ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸੰਥਿਆ ਸੈਂਚੀ

Sri Guru Granth Sahib file with pauses and pronunciation details for learning the correct pronunciation of Gurbani.

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਗੁਰਬਾਣੀ ਜੀ ਦੇ ਸਾਰੀਆਂ ਲਗਾਂ ਬੋਲ ਕੇ ਸ਼ੁੱਧ ਪਾਠ ਦੇ ਅਭਿਆਸ ਲਈ ਇਹ ਫਾਈਲ ਤਿਆਰ ਕੀਤੀ ਗਈ ਹੈ ਜੀ ਪਿਆਰੇ।

GUIDE FOR UNDERSTANDING TEXT IN COLUMN 4	ਚੌਥੀ ਪੱਟੀ ਵਿੱਚ ਵਰਤੇ ਨਿਸ਼ਾਨਾਂ ਨੂੰ ਸਮਝਣ ਲਈ ਨੋਟ:
1) For a word in parentheses ( ), its meaning is displayed afterwards. For e.g. (ਤੋਕਉ) ਆਪ ਜੀ ਨੂੰ 2) For a word followed by a colon, pronunciation details follow after the colon. For e.g. (ਤੁਲਹਾ): ਪੋਲਾ ਬੋਲੋ (speak softly) 3) Sometimes a word of the Gurbani line is written differently in this column to convey the pronunciation. For e.g.: • ਪ–ਹੂਚਿਓ The dash – represents a small delay that has to be placed while pronouncing the word either because the letter following the dash sounds clear or the word itself is made of 2 parts e.g. in ਪਹੁਚਣ–ਹਾਰਾ • ਉੱਜਲੇ The original word in Gurbani is ੳਜਲੇ without the *addak* on top. In Column 4, it appears with an *addak* to indicate the emphasis required during the pronunciation. • There are other types of pronunciation details present in Column 4 which will be self-intuitive to understand with the help of above examples. If you have any questions, please feel free to contact us.	੧. ਬ੍ਰੈਕਿਟ ਵਿੱਚ ਦਿਤੇ ਸਬਦ ਦੇ ਅਰਥ ਬ੍ਰੈਕਿਟ ਤੋਂ ਬਾਅਦ ਹਨ। ਜੇ ਅੱਖਰ ਦੇ ਅਰਥ ਜ਼ਿਆਦਾ ਹੋਣ ਤਾਂ ਕੌਮੇ ਲਾ ਕੇ ਦੱਸੇ ਹਨ। ੨. ਜਿੱਥੇ ਕਸਕੇ ਬੋਲਣ ਨੂੰ ਕਿਹਾ, ਉਥੇ ਅੱਧਕ ਲਾ ਕੇ ਬੋਲੋ, ਜਿੱਥੇ ਅੱਧਕ ਲਾਇਆ ਹੋਵੇ ਉਹਨੂੰ ਕਸਕੇ ਬੋਲੋ। 3. ਜਿੱਥੇ ਕਿਸੇ ਸਬਦ ਦੇ ਵਿੱਚ ਡੈਸ਼ ਵਾਲਾ – ਨਿਸ਼ਾਨ ਹੋਵੇ, ਉੱਥੇ ਬੋਲਣ ਵਿੱਚ ਥੋੜੀ ਵਿੱਥ ਰਖਣੀ।

Color code for pauses in Gurbani in Column 3
Large/ਵਿਸ਼ਰਾਮ Medium/ਜਮਕੀ Small/ਠਮਕੀ

ਸ਼ੁੱਧ Guru Granth Sahib Ji

WWW.GURSEVAK.COM

LINE ID	SGGS ANG #	GURBANI WITH 3 LEVELS OF PAUSES/ VISHRAMS	PRONUNCIATION TIPS/ MEANINGS OF DIFFICULT WORDS	ROMANIZATION	TRANSLATION BY SANT S. KHALSA	MEANINGS FROM SGGS DARPAN
1	1	੧ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥	ਇੱਕਓਅੰਕਾਰ ਤੋਂ ਆਰੰਭ ਕਰੋ। (ਇਕਮਕਾਰ, ਏਕਮਕਾਰ, ਇਕਿਓਅੰਕਾਰ ਇਹ ਗ਼ਲਤ ਉਚਾਰਨ ਨਹੀਂ ਕਰਨਾ।) ਊੜੇ ਦਾ ਮੂੰਹ ਖੁੱਲ੍ਹਾ, ਹੋੜੇ ਦੀ ਅਵਾਜ਼ ਲੰਬੀ ਜਾਣ ਕੇ, ਲੰਬਾ ਪੂਰਾ ਫਬਾ ਕੇ ਇਕੱਠਾ ਇੱਕ-ਓਅੰਕਾਰ ੧ੴ ਬੋਲੋ। ਸੱਤਿ-ਨਾਮੁ। ਪੁਰ-ਖੁ: ਰਾਰਾ ਮੁਕਤਾ ਸਵਾਰ ਕੇ, ਖੱਖੇ ਔਂਕੜ ਲਾਉ, ਰਾਰੇ ਔਂਕੜ ਨਹੀਂ ਲਾਉਣਾ। ਸੈ-ਭੰ:ਸੈ ਕਹਿ ਕੇ ਭੱਬੇ ਦੀ ਟਿੱਪੀ ਨੱਕ ਚ ਬੋਲੋ ਜੀ , (ਸੈਬੰ ਜਾ ਸੈਭੰਗ ਗ਼ਲਤ ਉਚਾਰਨ ਹਨ) ਸੱਸੇ ਪੈਰ ਬਿੰਦੀ ਨਹੀਂ ਬੋਲਣੀ। ਪ੍ਰਸਾਦਿ: ਪੱਪੇ ਮਗਰੋਂ ਅੱਧਾ ਰਾਰਾ ਖ਼ਿਆਲ ਨਾਲ ਬੋਲੋ	Ikoankaar Sathnaam Karathaa Purakh Nirabho Niravair Akaal Moorath Ajoonee Saibhan Gurprasaadh||	One Universal Creator God, TheName Is Truth Creative Being Personified No Fear No Hatred Image Of The Undying, Beyond Birth, Self-Existent. By Guru's Grace~	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

2	1	ਜਪੁ॥	ਬਾਣੀ ਦਾ ਨਾਮ ਜਪੁ ਹੈ। ਜਪੁ: ਪੋਲਾ ਬੋਲਣਾ, ਜੱਪੁ ਦਾ ਅਰਥ ਹੈ ਖਾਣ। ਜਬੁ ਜੀ ਸੈਹਬ ਨਹੀਂ ਕਹਿਣਾ। ਜਪ ਅਰਥ ਹੈ ਕਿ ਮਹੱਲਾ ਪਹਿਲਾ ਜੀ ਫ਼ੁਰਮਾ ਰਹੇ ਹਨਦਾਸਨ ਦਾਸ ਵਾਹਿਗੁਰੂ ਜੀ ਨੂੰ ਜਪੁ ਰਿਹਾ ਹੈ।ਜਪਣ ਦਾ ਪਰਮਪਵਿੱਤ੍ਰ ਸ਼ੁਭ ਸੱਚਾ ਉਪਦੇਸ਼ ਹੈ, ਸਤਿਗੁਰੂ ਜੀ ਨੇ ਸਾਹਿਬ ਅੱਖਰ ਸਤਿਕਾਰ ਲਈ ਵਰਤੇ ਹਨ। ਸਾਹਿਬ: ਸੱਸੇ ਕੰਨਾ, ਮੂੰਹ ਅੱਡ ਕੇ ਲੰਬੀ ਲਾਉ, ਹਾਹੇ ਦੀ ਸਿਹਾਰੀ ਲਘੂ (ਛੋਟੀ) ਬੋਲੋ ਜੀ। ਜਪੁਪੋਲਾ ਬੋਲੋ	|| Jap ||	Chant And Meditate:	(ਬਾਣੀ ਦਾ ਨਾਮ ਹੈ)

3	1	ਆਦਿ ਸਚੁ ਜੁਗਾਦਿ ਸਚੁ॥	ਹਿੰਦੀ ਚ ਸਿਹਾਰੀ ਨੂੰ ਛੋਟੀ ਬਿਹਾਰੀ ਬੋਲਦੇ ਹਨ, ਆਦਿ ਨੂੰ ਆਦੀ ਨਹੀਂ ਪੜ੍ਹਨਾ। ਆ-ਦਿ: ਕੰਨਾ ਲੰਬਾ ਬੋਲ ਕੇ, ਸਿਹਾਰੀ ਸੰਕੋਚ ਕੇ ਹੀ ਬੋਲੋ। ਸੱਚੁ: ਔਂਕੜ ਭੀ ਲਾਉ, ਆ-ਦਿ ਸੱਚੁ॥ ਜੁੱਗਾ-ਦਿ ਸੱਚੁ॥	Aadh Sach Jugaadh Sach ||	True In The Primal Beginning. True Throughout The Ages.	ਅਕਾਲ ਪੁਰਖ ਮੁੱਢ ਤੋਂ ਹੋਂਦ ਵਾਲਾ ਹੈ, ਜੁਗਾਂ ਦੇ ਮੁੱਢ ਤੋਂ ਮੌਜੂਦ ਹੈ।
4	1	ਹੈ ਭੀ ਸਚੁ ਨਾਨਕ ਹੋਸੀ ਭੀ ਸਚੁ॥੧॥	ਭੀ ਨੂੰ ਬ੍ਹੀ ਨਹੀਂ ਪੜ੍ਹਨਾ। ਹੋੱਸੀ।	Hai Bhee Sach Naanak Hosee Bhee Sach ||1||	True Here And Now. O Nanak, Forever And Ever True. ||1||	ਹੇ ਨਾਨਕ! ਇਸ ਵੇਲੇ ਭੀ ਮੌਜੂਦ ਹੈ ਤੇ ਅਗਾਂਹ ਨੂੰ ਭੀ ਹੋਂਦ ਵਾਲਾ ਰਹੇਗਾ ॥੧॥
5	1	ਸੋਚੈ ਸੋਚਿ ਨ ਹੋਵਈ ਜੇ ਸੋਚੀ ਲਖ ਵਾਰ॥	ਹੋ-ਵਈ। ਲੱਖ।	Sochai Soch N Hovee Jae Sochee Lakh Vaar ||	By thinking, He cannot be reduced to thought, even by thinking hundreds of thousands of times.	ਜੇ ਮੈਂ ਲੱਖ ਵਾਰੀ (ਭੀ) (ਇਸ਼ਨਾਨ ਆਦਿਕ ਨਾਲ ਸਰੀਰ ਦੀ) ਸੁੱਚ ਰੱਖਾਂ, (ਤਾਂ ਭੀ ਇਸ ਤਰ੍ਹਾਂ) ਸੁੱਚ ਰੱਖਣ ਨਾਲ (ਮਨ ਦੀ) ਸੁੱਚ ਨਹੀਂ ਰਹਿ ਸਕਦੀ।
6	1	ਚੁਪੈ ਚੁਪਿ ਨ ਹੋਵਈ ਜੇ ਲਾਇ ਰਹਾ ਲਿਵ ਤਾਰ॥	ਚੁੱਪੈ। ਚੁੱਪਿ।	Chupai Chup N Hovee Jae Laae Rehaa Liv Thaar ||	By remaining silent, inner silence is not obtained, even by remaining lovingly absorbed deep within.	ਜੇ ਮੈਂ (ਸਰੀਰ ਦੀ) ਇਕ-ਤਾਰ ਸਮਾਧੀ ਲਾਈ ਰੱਖਾਂ; (ਤਾਂ ਭੀ ਇਸ ਤਰ੍ਹਾਂ) ਚੁੱਪ ਕਰ ਰਹਿਣ ਨਾਲ ਮਨ ਦੀ ਸ਼ਾਂਤੀ ਨਹੀਂ ਹੋ ਸਕਦੀ।

7	1	ਭੁਖਿਆ ਭੁਖ ਨ ਉਤਰੀ ਜੇ ਬੰਨਾ ਪੁਰੀਆ ਭਾਰ॥	ਭੁੱਖਿਆਂ। ਭੁੱਖ। ਉੱਤਰੀ। ਬੰਨ੍ਹਾ।	Bhukhiaa Bhukh N Outharee Jae Bannaa Pureeaa Bhaar ||	The hunger of the hungry is not appeased, even by piling up loads of worldly goods.	ਜੇ ਮੈਂ ਸਾਰੇ ਭਵਣਾਂ ਦੇ ਪਦਾਰਥਾਂ ਦੇ ਢੇਰ (ਭੀ) ਸਾਂਭ ਲਵਾਂ, ਤਾਂ ਭੀ ਤ੍ਰਿਸ਼ਨਾ ਦੇ ਅਧੀਨ ਰਿਹਾਂ ਤ੍ਰਿਸ਼ਨਾ ਦੂਰ ਨਹੀਂ ਹੋ ਸਕਦੀ।
8	1	ਸਹਸ ਸਿਆਣਪਾ ਲਖ ਹੋਹਿ ਤ ਇਕ ਨ ਚਲੈ ਨਾਲਿ॥	(ਸਹਸ) ਹਜ਼ਾਰ। ਸਹਸ: ਤਿੰਨੇ ਮੁਕਤੇ ਬੋਲੋ, ਸੈਹਿਸ ਗ਼ਲਤ ਹੈ। ਹੋਹਿ: ਹੋੜਾ ਲੰਬਾ, ਸਿਹਾਰੀ ਸੰਕੋਚ ਕੇ ਬੋਲੋ, ਹਾਹੇ ਸਿਹਾਰੀ ਦੀ ਥਾਂ, ਦੁਲਾਵਾਂ ਨਹੀਂ ਬੋਲਣੀਆਂ। ਤ, ਨ ਮੁਕਤੇ ਬੋਲੋ। ਇੱਕ। ਨ ਨੂੰ ਨਾ ਨਹੀਂ ਬੋਲਣਾ ਜੀ, ਕੇਵਲ ਨ।	Sehas Siaanapaa Lakh Hohi Th Eik N Chalai Naal ||	Hundreds of thousands of clever tricks, but not even one of them will go along with you in the end.	ਜੇ (ਮੇਰੇ ਵਿਚ) ਹਜ਼ਾਰਾਂ ਤੇ ਲੱਖਾਂ ਚਤੁਰਾਈਆਂ ਹੋਵਣ, (ਤਾਂ ਭੀ ਉਹਨਾਂ ਵਿਚੋਂ) ਇਕ ਭੀ ਚਤੁਰਾਈ ਸਾਥ ਨਹੀਂ ਦੇਂਦੀ।
9	1	ਕਿਵ ਸਚਿਆਰਾ ਹੋਈਐ ਕਿਵ ਕੂੜੈ ਤੁਟੈ ਪਾਲਿ॥	(ਸੱਚਿਆਰਾ) ਸੱਚ ਦੀ ਪ੍ਰਾਪਤੀ ਵਾਲੇ। ਤੁੱਟੈ। (ਪਾਲਿ) ਕੰਧ। ਪਾਲਿ: ਲੱਲੇ ਪੈਰ ਬਿੰਦੀ ਨਹੀਂ ਬੋਲਣੀ, ਸਿਹਾਰੀ ਖ਼ਿਆਲ ਨਾਲ ਬੋਲੋ।	Kiv Sachiaaraa Hoeeai Kiv Koorrai Thuttai Paal ||	So how can you become truthful? And how can the veil of illusion be torn away?	(ਤਾਂ ਫਿਰ) ਅਕਾਲ ਪੁਰਖ ਦਾ ਪਰਕਾਸ਼ ਹੋਣ ਲਈ ਯੋਗ ਕਿਵੇਂ ਬਣ ਸਕੀਦਾ ਹੈ (ਅਤੇ ਸਾਡੇ ਅੰਦਰ ਦਾ) ਕੂੜ ਦਾ ਪਰਦਾ ਕਿਵੇਂ ਟੁੱਟ ਸਕਦਾ ਹੈ?

10	1	ਹੁਕਮਿ ਰਜਾਈ ਚਲਣਾ ਨਾਨਕ ਲਿਖਿਆ ਨਾਲਿ॥੧॥	ਚੱਲਣਾ	Hukam Rajaaee Chalanaa Naanak Likhiaa Naal ||1||	O Nanak, it is written that you shall obey the Hukam of His Command, and walk in the Way of His Will. ||1||	ਰਜ਼ਾ ਦੇ ਮਾਲਕ ਅਕਾਲ ਪੁਰਖ ਦੇ ਹੁਕਮ ਵਿਚ ਤੁਰਨਾ-(ਇਹੀ ਇਕ ਵਿਧੀ ਹੈ)। ਹੇ ਨਾਨਕ! (ਇਹ ਵਿਧੀ) ਧੁਰ ਤੋਂ ਹੀ ਜਦ ਤੋਂ ਜਗਤ ਬਣਿਆ ਹੈ, ਲਿਖੀ ਚਲੀ ਆ ਰਹੀ ਹੈ ॥੧॥
11	1	ਹੁਕਮੀ ਹੋਵਨਿ ਆਕਾਰ ਹੁਕਮੁ ਨ ਕਹਿਆ ਜਾਈ॥	ਹੋ-ਵਨਿ। ਆਕਾਰਐੜੇ ਕੰਨਾ ਖ਼ਿਆਲ ਨਾਲ ਲਾਉ।	Hukamee Hovan Aakaar Hukam N Kehiaa Jaaee ||	By His Command, bodies are created; His Command cannot be described.	ਅਕਾਲ ਪੁਰਖ ਦੇ ਹੁਕਮ ਅਨੁਸਾਰ ਸਾਰੇ ਸਰੀਰ ਬਣਦੇ ਹਨ, (ਪਰ ਇਹ) ਹੁਕਮ ਦੱਸਿਆ ਨਹੀਂ ਜਾ ਸਕਦਾ ਕਿ ਕਿਹੋ ਜਿਹਾ ਹੈ।
12	1	ਹੁਕਮੀ ਹੋਵਨਿ ਜੀਅ ਹੁਕਮਿ ਮਿਲੈ ਵਡਿਆਈ॥	ਜੀਅ: ਬਿਹਾਰੀ ਦੀਰਘ ਬੋਲ ਕੇ, ਐੜਾ ਖ਼ਿਆਲ ਨਾਲ ਲਘੂ ਬੋਲੋ।	Hukamee Hovan Jeea Hukam Milai Vaddiaaee ||	By His Command, souls come into being; by His Command, glory and greatness are obtained.	ਰੱਬ ਦੇ ਹੁਕਮ ਅਨੁਸਾਰ ਹੀ ਸਾਰੇ ਜੀਵ ਜੰਮ ਪੈਂਦੇ ਹਨ ਅਤੇ ਹੁਕਮ ਅਨੁਸਾਰ ਹੀ (ਰੱਬ ਦੇ ਦਰ 'ਤੇ) ਸ਼ੋਭਾ ਮਿਲਦੀ ਹੈ।
13	1	ਹੁਕਮੀ ਉਤਮੁ ਨੀਚੁ ਹੁਕਮਿ ਲਿਖਿ ਦੁਖ ਸੁਖ ਪਾਈਅਹਿ॥	ਉੱਤਮੁ। ਦੁੱਖ। ਲਿਖਿ, ਸੁਖ ਪੋਲੇ ਬੋਲਣੇ। ਪਾਈ-ਅਹਿ: ਪਾਈ ਕਹਿ ਕੇ, ਐੜਾ ਮੁਕਤਾ ਕਹਿ ਕੇ, ਹਾਹੇ ਸਿਹਾਰੀ ਬੋਲੋ।	Hukamee Outham Neech Hukam Likh Dhukh Sukh Paaeeahi ||	By His Command, some are high and some are low; by His Written Command, pain and pleasure are obtained.	ਰੱਬ ਦੇ ਹੁਕਮ ਵਿਚ ਕੋਈ ਮਨੁੱਖ ਚੰਗਾ (ਬਣ ਜਾਂਦਾ) ਹੈ, ਕੋਈ ਭੈੜਾ। ਉਸ ਦੇ ਹੁਕਮ ਵਿਚ ਹੀ (ਆਪਣੇ ਕੀਤੇ ਹੋਏ ਕਰਮਾਂ ਦੇ) ਲਿਖੇ ਅਨੁਸਾਰ ਦੁੱਖ ਤੇ ਸੁਖ ਭੋਗੀਦੇ ਹਨ।

14	1	ਇਕਨਾ ਹੁਕਮੀ ਬਖਸੀਸ ਇਕਿ ਹੁਕਮੀ ਸਦਾ ਭਵਾਈਅਹਿ॥	ਭਵਾਈ-ਅਹਿ: ਭਵਾਈ ਕਹਿ ਕੇ ਐੜਾ ਮੁਕਤਾ ਬੋਲ ਕੇ, ਹਾਹੇ ਸਿਹਾਰੀ ਬੋਲੋ, ਐੜੇ ਦੁਲਾਵਾਂ ਨਹੀਂ ਬੋਲਣੀਆਂ।	Eikanaa Hukamee Bakhasees Eik Hukamee Sadhaa Bhavaaeeahi ||	Some, by His Command, are blessed and forgiven; others, by His Command, wander aimlessly forever.	ਹੁਕਮ ਵਿਚ ਹੀ ਕਦੀ ਮਨੁੱਖਾਂ ਉੱਤੇ (ਅਕਾਲ ਪੁਰਖ ਦੇ ਦਰ ਤੋਂ) ਬਖ਼ਸ਼ਸ਼ ਹੁੰਦੀ ਹੈ, ਅਤੇ ਉਸ ਦੇ ਹੁਕਮ ਵਿਚ ਹੀ ਕਈ ਮਨੁੱਖ ਨਿੱਤ ਜਨਮ ਮਰਨ ਦੇ ਗੇੜ ਵਿਚ ਭਵਾਈਦੇ ਹਨ।
15	1	ਹੁਕਮੈ ਅੰਦਰਿ ਸਭੁ ਕੋ ਬਾਹਰਿ ਹੁਕਮ ਨ ਕੋਇ॥	ਬਾ-ਹਰਿ: ਹਾਹਾ ਮੁਕਤਾ, ਰਾਰੇ ਸਿਹਾਰੀ ਲਾ ਕੇ ਸ਼ੁੱਧ ਉਚਾਰੋ। ਗੁਰਬਾਣੀ ਜੀ ਚ, ਬਾਹਰਿ ਦੇ ਹਾਹੇ ਸਿਹਾਰੀ ਕਿਤੇ ਭੀ ਨਹੀਂ।	Hukamai Andhar Sabh Ko Baahar Hukam N Koe ||	Everyone is subject to His Command; no one is beyond His Command.	ਹਰੇਕ ਜੀਵ ਰੱਬ ਦੇ ਹੁਕਮ ਵਿਚ ਹੀ ਹੈ, ਕੋਈ ਜੀਵ ਹੁਕਮ ਤੋਂ ਬਾਹਰ (ਭਾਵ, ਹੁਕਮ ਤੋ ਆਕੀ) ਨਹੀਂ ਹੋ ਸਕਦਾ।
16	1	ਨਾਨਕ ਹੁਕਮੈ ਜੇ ਬੁਝੈ ਤ ਹਉਮੈ ਕਹੈ ਨ ਕੋਇ॥੨॥	ਜੇ ਤ੍ਰਿਸ਼ਨਾ, ਪਿਆਸ, ਅੱਗ, ਦਿਲ ਦਾ ਬੁਝਣਾ ਅਰਥ ਬਣੇ ਤਾਂ ਬੁਝੈ ਪੋਲਾ ਪੜ੍ਹਨਾ। ਪਰ ਜਿੱਥੇ ਹੁਕਮ, ਗਿਆਨ, ਨਾਮ, ਪ੍ਰਸ਼ਨ, ਪ੍ਰਮੇਸ਼ਰ, ਬੁੱਝਾਰਤ, ਬੁੱਝਣ ਦਾ ਅਰਥ ਬਣੇ, ਉੱਥੇ ਬੁੱਝੈ ਅੱਧਕ ਨਾਲ ਬੋਲੋ।	Naanak Hukamai Jae Bujhai Th Houmai Kehai N Koe ||2||	O Nanak, one who understands His Command, does not speak in ego. ||2||	ਹੇ ਨਾਨਕ! ਜੇ ਕੋਈ ਮਨੁੱਖ ਅਕਾਲ ਪੁਰਖ ਦੇ ਹੁਕਮ ਨੂੰ ਸਮਝ ਲਏ ਤਾਂ ਫਿਰ ਉਹ ਸੁਆਰਥ ਦੀਆਂ ਗੱਲਾਂ ਨਹੀਂ ਕਰਦਾ (ਭਾਵ, ਫਿਰ ਉਹ ਸੁਆਰਥੀ ਜੀਵਨ ਛੱਡ ਦੇਂਦਾ ਹੈ) ॥੨॥

17	1	ਗਾਵੈ ਕੋ ਤਾਣੁ ਹੋਵੈ ਕਿਸੈ ਤਾਣੁ॥	(ਤਾਣੁ) ਬਲ। ਗਾਵੈ: ਦੁਲਾਂ ਬੋਲੋ। ਕਿਸੈ: ਪੋਲਾ ਬੋਲੋ	Gaavai Ko Thaan Hovai Kisai Thaan ||	Some sing of His Power-who has that Power?	ਜਿਸ ਕਿਸੇ ਮਨੁੱਖ ਨੂੰ ਸਮਰਥਾ ਹੁੰਦੀ ਹੈ, ਉਹ ਰੱਬ ਦੇ ਤਾਣ ਨੂੰ ਗਾਉਂਦਾ ਹੈ, (ਭਾਵ, ਉਸ ਦੀ ਸਿਫ਼ਤ-ਸਾਲਾਹ ਕਰਦਾ ਹੈ ਤੇ ਉਸ ਦੇ ਉਹ ਕੰਮ ਕਥਨ ਕਰਦਾ ਹੈ, ਜਿਨ੍ਹਾਂ ਤੋਂ ਉਸ ਦੀ ਵੱਡੀ ਤਾਕਤ ਪਰਗਟ ਹੋਵੇ)।
18	1	ਗਾਵੈ ਕੋ ਦਾਤਿ ਜਾਣੈ ਨੀਸਾਣੁ॥	(ਨੀਸਾਣੁ) ਪ੍ਰਗਟ, ਨਿਸ਼ਾਨ	Gaavai Ko Dhaath Jaanai Neesaan ||	Some sing of His Gifts, and know His Sign and Insignia.	ਕੋਈ ਮਨੁੱਖ ਉਸ ਦੀਆਂ ਦਾਤਾਂ ਨੂੰ ਹੀ ਗਾਉਂਦਾ ਹੈ, (ਕਿਉਂਕਿ ਇਹਨਾਂ ਦਾਤਾਂ ਨੂੰ ਉਹ ਰੱਬ ਦੀ ਰਹਿਮਤ ਦਾ) ਨਿਸ਼ਾਨ ਸਮਝਦਾ ਹੈ।
19	1	ਗਾਵੈ ਕੋ ਗੁਣ ਵਡਿਆਈਆ ਚਾਰ॥	(ਚਾਰ) ਸੁੰਦਰ	Gaavai Ko Gun Vaddiaaeeaa Chaar ||	Some sing of His Glorious Virtues, Greatness and Beauty.	ਕੋਈ ਮਨੁੱਖ ਰੱਬ ਦੇ ਸੋਹਣੇ ਗੁਣ ਤੇ ਸੋਹਣੀਆਂ ਵਡਿਆਈਆਂ ਵਰਣਨ ਕਰਦਾ ਹੈ।
20	1	ਗਾਵੈ ਕੋ ਵਿਦਿਆ ਵਿਖਮੁ ਵੀਚਾਰੁ॥	ਵਿੱਦਿਆ, (ਵਿਖਮੁ) ਕਠਨ	Gaavai Ko Vidhiaa Vikham Veechaar ||	Some sing of knowledge obtained of Him, through difficult philosophical studies.	ਕੋਈ ਮਨੁੱਖ ਵਿੱਦਿਆ ਦੇ ਬਲ ਨਾਲ ਅਕਾਲ ਪੁਰਖ ਦੇ ਕਠਨ ਗਿਆਨ ਨੂੰ ਗਾਉਂਦਾ ਹੈ (ਭਾਵ, ਸ਼ਾਸਤਰ ਆਦਿਕ ਦੁਆਰਾ ਆਤਮਕ ਫ਼ਿਲਾਸਫ਼ੀ ਦੇ ਔਖੇ ਵਿਸ਼ਿਆਂ 'ਤੇ ਵਿਚਾਰ ਕਰਦਾ ਹੈ)।
21	1	ਗਾਵੈ ਕੋ ਸਾਜਿ ਕਰੇ ਤਨੁ ਖੇਹ॥	ਖੇਹ: ਲਾਂ ਲੰਬੀ ਬੋਲ ਕੇ, ਹਾਹਾ ਮੁਕਤਾ ਬੋਲੋ, ਹਾਹੇ ਸਿਹਾਰੀ ਨਹੀਂ ਲਾਉਣੀ।	Gaavai Ko Saaj Karae Than Khaeh ||	Some sing that He fashions the body, and then again reduces it to dust.	ਕੋਈ ਮਨੁੱਖ ਇਉਂ ਗਾਉਂਦਾ ਹੈ, 'ਅਕਾਲ ਪੁਰਖ ਸਰੀਰ ਨੂੰ ਬਣਾ ਕੇ (ਫਿਰ) ਸੁਆਹ ਕਰ ਦੇਂਦਾ ਹੈ'।

22	1	ਗਾਵੈ ਕੋ ਜੀਅ ਲੈ ਫਿਰਿ ਦੇਹ॥	ਦੇਹ: ਲਾਂ ਲੰਬੀ ਬੋਲ ਕੇ, ਹਾਹਾ ਮੁਕਤਾ ਬੋਲੋ, ਹਾਹੇ ਸਿਹਾਰੀ ਨਹੀਂ ਲਾਉਣੀ।	Gaavai Ko Jeea Lai Fir Dhaeh ||	Some sing that He takes life away, and then again restores it.	ਕੋਈ ਇਉਂ ਗਾਉਂਦਾ ਹੈ, 'ਹਰੀ (ਸਰੀਰਾਂ ਵਿਚੋਂ) ਜਿੰਦਾਂ ਕੱਢ ਕੇ ਫਿਰ (ਦੂਜੇ ਸਰੀਰਾਂ ਵਿਚ) ਪਾ ਦੇਂਦਾ ਹੈ'।
23	1	ਗਾਵੈ ਕੋ ਜਾਪੈ ਦਿਸੈ ਦੂਰਿ॥	ਦਿਸੈ: ਪੋਲਾ ਬੋਲੋ	Gaavai Ko Jaapai Dhisai Dhoor ||	Some sing that He seems so very far away.	ਕੋਈ ਮਨੁੱਖ ਆਖਦਾ ਹੈ, 'ਅਕਾਲ ਪੁਰਖ ਦੂਰ ਜਾਪਦਾ ਹੈ, ਦੂਰ ਦਿੱਸਦਾ ਹੈ';
24	2	ਗਾਵੈ ਕੋ ਵੇਖੈ ਹਾਦਰਾ ਹਦੂਰਿ॥		Gaavai Ko Vaekhai Haadharaa Hadhoor ||	Some sing that He watches over us, face to face, ever-present.	ਪਰ ਕੋਈ ਆਖਦਾ ਹੈ, '(ਨਹੀਂ, ਨੇੜੇ ਹੈ), ਸਭ ਥਾਈਂ ਹਾਜ਼ਰ ਹੈ, ਸਭ ਨੂੰ ਵੇਖ ਰਿਹਾ ਹੈ'।
25	2	ਕਥਨਾ ਕਥੀ ਨ ਆਵੈ ਤੋਟਿ॥	ਕਥਨਾ, ਕਥੀ: ਪੋਲੇ ਬੋਲੋ	Kathhanaa Kathhee N Aavai Thott ||	There is no shortage of those who preach and teach.	ਹੁਕਮ ਦੇ ਵਰਣਨ ਕਰਨ ਦੀ ਤੋਟ ਨਹੀਂ ਆ ਸਕੀ (ਭਾਵ, ਵਰਣਨ ਕਰ ਕਰ ਕੇ ਹੁਕਮ ਦਾ ਅੰਤ ਨਹੀਂ ਪੈ ਸਕਿਆ, ਹੁਕਮ ਦਾ ਸਹੀ ਸਰੂਪ ਨਹੀਂ ਲੱਭ ਸਕਿਆ);
26	2	ਕਥਿ ਕਥਿ ਕਥੀ ਕੋਟੀ ਕੋਟਿ ਕੋਟਿ॥	(ਕੋਟੀ) ਕ੍ਰੋੜਾਂ। ਕਥਿ, ਕਥਿ, ਕਥੀ: ਪੋਲੇ ਬੋਲੋ	Kath Kathh Kathhee Kottee Kott Kott ||	Millions upon millions offer millions of sermons and stories.	ਭਾਵੇਂ ਕ੍ਰੋੜਾਂ ਹੀ ਜੀਵਾਂ ਨੇ ਬੇਅੰਤ ਵਾਰੀ (ਅਕਾਲ ਪੁਰਖ ਦੇ ਹੁਕਮ ਦਾ) ਵਰਣਨ ਕੀਤਾ ਹੈ।
27	2	ਦੇਦਾ ਦੇ ਲੈਦੇ ਥਕਿ ਪਾਹਿ॥	ਥੱਕਿ	Dhaedhaa Dhae Laidhae Thhak Paahi ||	The Great Giver keeps on giving, while those who receive grow weary of receiving.	ਦਾਤਾਰ ਅਕਾਲ ਪੁਰਖ (ਸਭ ਜੀਆਂ ਨੂੰ ਰਿਜ਼ਕ) ਦੇ ਰਿਹਾ ਹੈ, ਪਰ ਜੀਵ ਲੈ ਲੈ ਕੇ ਥੱਕ ਪੈਂਦੇ ਹਨ।
28	2	ਜੁਗਾ ਜੁਗੰਤਰਿ ਖਾਹੀ ਖਾਹਿ॥	ਜੁੱਗਾਂ, ਜੁੱਗੰਤਰਿ	Jugaa Juganthar Khaahee Khaahi ||	Throughout the ages, consumers consume.	(ਸਭ ਜੀਵ) ਸਦਾ ਤੋਂ ਹੀ (ਰੱਬ ਦੇ ਦਿੱਤੇ ਪਦਾਰਥ) ਖਾਂਦੇ ਚਲੇ ਆ ਰਹੇ ਹਨ। ***

29	2	ਹੁਕਮੀ ਹੁਕਮੁ ਚਲਾਏ ਰਾਹੁ॥	ਚੱਲਾਏ	Hukamee Hukam Chalaaeae Raahu ||	The Commander, by His Command, leads us to walk on the Path.	ਹੁਕਮ ਵਾਲੇ ਰੱਬ ਦਾ ਹੁਕਮ ਹੀ (ਸੰਸਾਰ ਦੀ ਕਾਰ ਵਾਲਾ) ਰਸਤਾ ਚਲਾ ਰਿਹਾ ਹੈ।
30	2	ਨਾਨਕ ਵਿਗਸੈ ਵੇਪਰਵਾਹੁ॥੩॥	(ਵਿਗਸੈ) ਖੁਸ਼ ਹੁੰਦੇ। ਵਿਗਸੈ:ਪੋਲਾ ਬੋਲੋ	Naanak Vigasai Vaeparavaahu ||3||	O Nanak, He blossoms forth, Carefree and Untroubled. ||3||	ਹੇ ਨਾਨਕ! ਉਹ ਨਿਰੰਕਾਰ ਸਦਾ ਵੇਪਰਵਾਹ ਹੈ ਤੇ ਪਰਸੰਨ ਹੈ ॥੩॥
31	2	ਸਾਚਾ ਸਾਹਿਬੁ ਸਾਚੁ ਨਾਇ ਭਾਖਿਆ ਭਾਉ ਅਪਾਰੁ॥	(ਭਾਖਿਆ) ਕਿਹਾ। (ਭਾਉ) ਪ੍ਰੇਮ। (ਅਪਾਰੁ) ਬੇਅੰਤ। ਨਾਇ: ਬਿੰਦੀ ਨਹੀਂ ਲਾਉਣੀ।	Saachaa Saahib Saach Naae Bhaakhiaa Bhaao Apaar ||	True is the Master, True is His Name- speak it with infinite love.	ਅਕਾਲ ਪੁਰਖ ਸਦਾ-ਥਿਰ ਰਹਿਣ ਵਾਲਾ ਹੀ ਹੈ, ਉਸ ਦਾ ਨਿਯਮ ਭੀ ਸਦਾ ਅਟੱਲ ਹੈ। ਉਸ ਦੀ ਬੋਲੀ ਪ੍ਰੇਮ ਹੈ ਅਤੇ ਉਹ ਆਪ ਅਕਾਲ ਪੁਰਖ ਬੇਅੰਤ ਹੈ।
32	2	ਆਖਹਿ ਮੰਗਹਿ ਦੇਹਿ ਦੇਹਿ ਦਾਤਿ ਕਰੇ ਦਾਤਾਰੁ॥	ਆਖ-ਹਿ, ਮੰਗ-ਹਿ: ਖੱਖਾ ਤੇ ਗੱਗਾ ਮੁਕਤੇ ਬੋਲੋ, ਸਿਹਾਰੀਆਂ ਸੰਕੋਚ ਕੇ ਬੋਲੋ, ਕਸਕੇ ਨਹੀਂ ਬੋਲਣੀਆਂ। ਦੇਹਿ: ਲਾਂ ਲੰਬੀ, ਸਿਹਾਰੀ ਸੰਕੋਚ ਕੇ ਬੋਲੋ। ਦਾਤਾਰੁ: ਦੱਦੇ ਕੰਨਾ, ਰਾਰੇ ਔਂਕੜ ਲਾਉ	Aakhehi Mangehi Dhaehi Dhaehi Dhaath Karae Dhaathaar ||	People beg and pray, "Give to us, give to us", and the Great Giver gives His Gifts.	ਅਸੀਂ ਜੀਵ ਉਸ ਪਾਸੋਂ ਦਾਤਾਂ ਮੰਗਦੇ ਹਾਂ ਤੇ ਆਖਦੇ ਹਾਂ,'(ਹੇ ਹਰੀ! ਸਾਨੂੰ ਦਾਤਾਂ) ਦੇਹ'। ਉਹ ਦਾਤਾਰ ਬਖ਼ਸ਼ਸ਼ਾਂ ਕਰਦਾ ਹੈ।

33	2	ਫੇਰਿ ਕਿ ਅਗੈ ਰਖੀਐ ਜਿਤੁ ਦਿਸੈ ਦਰਬਾਰੁ॥	ਅੱਗੈ। ਜਿਤੁ: ਦਰਮਿਆਨਾ ਮੀਡੀਅਮ ਬੋਲੋ। ਦਿਸੈ: ਪੋਲਾ ਬੋਲੋ	Faer K Agai Rakheeai Jith Dhisai Dharabaar ||	So what offering can we place before Him, by which we might see the Darbaar of His Court?	(ਜੇ ਸਾਰੀਆਂ ਦਾਤਾਂ ਉਹ ਆਪ ਹੀ ਬਖਸ਼ ਰਿਹਾ ਹੈ ਤਾਂ) ਫਿਰ ਅਸੀਂ ਕਿਹੜੀ ਭੇਟਾ ਉਸ ਅਕਾਲ ਪੁਰਖ ਦੇ ਅੱਗੇ ਰੱਖੀਏ, ਜਿਸ ਦੇ ਸਦਕੇ ਸਾਨੂੰ ਉਸ ਦਾ ਦਰਬਾਰ ਦਿੱਸ ਪਏ?
34	2	ਮੁਹੌ ਕਿ ਬੋਲਣੁ ਬੋਲੀਐ ਜਿਤੁ ਸੁਣਿ ਧਰੇ ਪਿਆਰੁ॥	ਮੁਹੌ: ਮੰਮੇ ਦਾ ਔਂਕੜ ਸੰਕੋਚ ਕੇ, ਹਾਹੇ ਦਾ ਕਨੌੜਾ ਖ਼ਾਸ ਖ਼ਿਆਲ ਨਾਲ ਚਾੜ੍ਹ ਕੇ ਬੋਲੋ, ਕਨੌੜੇ ਚਾੜ੍ਹ ਕੇ ਕੋਈ ਵਿਰਲਾ ਹੀ ਬੋਲਦਾ ਹੈ।	Muha K Bolan Boleeai Jith Sun Dharae Piaar ||	What words can we speak to evoke His Love?	ਅਸੀਂ ਮੂੰਹੋਂ ਕਿਹੜਾ ਬਚਨ ਬੋਲੀਏ (ਭਾਵ, ਕਿਹੋ ਜਿਹੀ ਅਰਦਾਸ ਕਰੀਏ) ਜਿਸ ਨੂੰ ਸੁਣ ਕੇ ਉਹ ਹਰੀ (ਸਾਨੂੰ) ਪਿਆਰ ਕਰੇ।
35	2	ਅੰਮ੍ਰਿਤ ਵੇਲਾ ਸਚੁ ਨਾਉ ਵਡਿਆਈ ਵੀਚਾਰੁ॥	(ਅੰ+ਮ੍ਰਿਤ) (ਅੰ) ਰਹਿਤ, (ਮ੍ਰਿਤ) ਮੌਤ ਤੋਂ। ਵੇਲਾ: ਪੋਲਾ। (ਵੇਲਾ) ਸਮਾਂ। ਅੰਮ ਿ੍ਰਤ: ਮੰਮਾ ਮੁਕਤਾ, ਅੱਧੇ ਰਾਰੇ ਸਿਹਾਰੀ ਬੋਲੋ। ਵੇੱਲਾ ਦੱਬ ਕੇ ਬੋਲਿਆਂ ਅਰਥ ਜੰਗਲ ਬਣੇਗਾ।	Anmrith Vaelaa Sach Naao Vaddiaaee Veechaar ||	In the Amrit Vaylaa, the ambrosial hours before dawn, chant the True Name, and contemplate His Glorious Greatness.	ਪੂਰਨ ਖਿੜਾਉ ਦਾ ਸਮਾਂ ਹੋਵੇ (ਭਾਵ, ਪ੍ਰਭਾਤ ਵੇਲਾ ਹੋਵੇ), ਨਾਮ (ਸਿਮਰੀਏ) ਤੇ ਉਸ ਦੀਆਂ ਵਡਿਆਈਆਂ ਦੀ ਵਿਚਾਰ ਕਰੀਏ।

36	2	ਕਰਮੀ ਆਵੈ ਕਪੜਾ ਨਦਰੀ ਮੋਖੁ ਦੁਆਰੁ॥	(ਕਰਮੀ) ਕ੍ਰਿਪਾ ਨਾਲ। (ਕੱਪੜਾ) ਨਾਮੁ ਰੂਪੀ ਸਿਰਪਾਉ। (ਨਦਰੀ) ਕ੍ਰਿਪਾ ਦ੍ਰਿਸ਼ਟੀ। ਨਦਰੀ: ਪੋਲਾ	Karamee Aavai Kaparraa Nadharee Mokh Dhuaar ||	By the karma of past actions, the robe of this physical body is obtained. By His Grace, the Gate of Liberation is found.	(ਇਸ ਤਰ੍ਹਾਂ) ਪ੍ਰਭੂ ਦੀ ਮਿਹਰ ਨਾਲ 'ਸਿਫਤਿ' ਰੂਪ ਪਟੋਲਾ ਮਿਲਦਾ ਹੈ, ਉਸ ਦੀ ਕ੍ਰਿਪਾ-ਦ੍ਰਿਸ਼ਟੀ ਨਾਲ 'ਕੂੜ ਦੀ ਪਾਲਿ' ਤੋਂ ਖ਼ਲਾਸੀ ਹੁੰਦੀ ਹੈ ਤੇ ਰੱਬ ਦਾ ਦਰ ਪ੍ਰਾਪਤ ਹੋ ਜਾਂਦਾ ਹੈ।
37	2	ਨਾਨਕ ਏਵੈ ਜਾਣੀਐ ਸਭੁ ਆਪੇ ਸਚਿਆਰੁ॥੪॥	ਸੱਚਿਆਰੁ	Naanak Eaevai Jaaneeai Sabh Aapae Sachiaar ||4||	O Nanak, know this well: the True One Himself is All. ||4||	ਹੇ ਨਾਨਕ! ਇਸ ਤਰ੍ਹਾਂ ਇਹ ਸਮਝ ਆ ਜਾਂਦੀ ਹੈ ਕਿ ਉਹ ਹੋਂਦ ਦਾ ਮਾਲਕ ਅਕਾਲ ਪੁਰਖ ਸਭ ਥਾਈਂ ਭਰਪੂਰ ਹੈ ॥੪॥
38	2	ਥਾਪਿਆ ਨ ਜਾਇ ਕੀਤਾ ਨ ਹੋਇ॥		Thhaapiaa N Jaae Keethaa N Hoe ||	He cannot be established, He cannot be created.	ਨਾ ਉਹ ਪੈਦਾ ਕੀਤਾ ਜਾ ਸਕਦਾ ਹੈ ਅਤੇ ਨਾ ਹੀ ਸਾਡਾ ਬਣਾਇਆ ਬਣਦਾ ਹੈ।
39	2	ਆਪੇ ਆਪਿ ਨਿਰੰਜਨੁ ਸੋਇ॥	(ਨਿਰੰਜਨੁ) ਸ਼ੁੱਧ ਬ੍ਰਹਮਜੀ। ਨਿਰੰਜਨੁ: ਜੱਜਾ ਪੂਰੇ ਜ਼ੋਰ ਨਾਲ ਬੋਲੋ, ਢਿੱਲਾ ਬੋਲਣ ਨਾਲ ਯ ਬੋਲੇਗਾ, ਨੰਨੇ ਔਂਕੜ ਖ਼ਿਆਲ ਨਾਲ ਬੋਲੋ	Aapae Aap Niranjan Soe ||	He Himself is Immaculate and Pure.	ਉਹ ਨਿਰੋਲ ਆਪ ਹੀ ਆਪ ਹੈ। ਉਹ ਅਕਾਲ ਪੁਰਖ ਮਾਇਆ ਦੇ ਪਰਭਾਵ ਤੋਂ ਪਰੇ ਹੈ।
40	2	ਜਿਨਿ ਸੇਵਿਆ ਤਿਨਿ ਪਾਇਆ ਮਾਨੁ॥	ਜਿਨਿ, ਤਿਨਿ: ਪੋਲੇ, ਨੰਨਿਆਂ ਸਿਹਾਰੀਆਂ ਬੋਲੋ	Jin Saeviaa Thin Paaeiaa Maan ||	Those who serve Him are honored.	ਜਿਸ ਮਨੁੱਖ ਨੇ ਉਸ ਅਕਾਲ ਪੁਰਖ ਨੂੰ ਸਿਮਰਿਆ ਹੈ, ਉਸ ਨੇ ਹੀ ਵਡਿਆਈ ਪਾ ਲਈ ਹੈ।

41	2	ਨਾਨਕ ਗਾਵੀਐ ਗੁਣੀ ਨਿਧਾਨੁ॥	(ਨਿਧਾਨੁ) ਖਜ਼ਾਨਾ	Naanak Gaaveeai Gunee Nidhhaan ||	O Nanak, sing of the Lord, the Treasure of Excellence.	ਹੇ ਨਾਨਕ! (ਆਓ) ਅਸੀਂ ਭੀ ਉਸ ਗੁਣਾਂ ਦੇ ਖ਼ਜ਼ਾਨੇ ਹਰੀ ਦੀ ਸਿਫ਼ਤ-ਸਾਲਾਹ ਕਰੀਏ।
42	2	ਗਾਵੀਐ ਸੁਣੀਐ ਮਨਿ ਰਖੀਐ ਭਾਉ॥	(ਭਾਉ) ਪ੍ਰੇਮ	Gaaveeai Suneeai Man Rakheeai Bhaao ||	Sing, and listen, and let your mind be filled with love.	(ਆਓ, ਅਕਾਲ ਪੁਰਖ ਦੇ ਗੁਣ) ਗਾਵੀਏ ਤੇ ਸੁਣੀਏ ਅਤੇ ਆਪਣੇ ਮਨ ਵਿਚ ਉਸਦਾ ਪ੍ਰੇਮ ਟਿਕਾਈਏ।
43	2	ਦੁਖੁ ਪਰਹਰਿ ਸੁਖੁ ਘਰਿ ਲੈ ਜਾਇ॥	(ਪਰਹਰਿ) ਦੂਰ ਕਰਕੇ। ਦੁੱਖੁ	Dhukh Parehar Sukh Ghar Lai Jaae ||	Your pain shall be sent far away, and peace shall come to your home.	(ਜੋ ਮਨੁੱਖ ਇਹ ਆਹਰ ਕਰਦਾ ਹੈ, ਉਹ) ਆਪਣਾ ਦੁੱਖ ਦੂਰ ਕਰਕੇ ਸੁੱਖ ਨੂੰ ਹਿਰਦੇ ਵਿਚ ਵਸਾ ਲੈਂਦਾ ਹੈ।
44	2	ਗੁਰਮੁਖਿ ਨਾਦੰ ਗੁਰਮੁਖਿ ਵੇਦੰ ਗੁਰਮੁਖਿ ਰਹਿਆ ਸਮਾਈ॥	(ਨਾਦੰ) ਉਪਦੇਸ਼। (ਵੇਦੰ) ਵੀਚਾਰ ਗਿਆਨ। ਗੁਰਮੁਖਿ: ਖੱਖੇ ਸਿਹਾਰੀ ਬੋਲੋ। ਰਹਿਆ: ਰਾਰੇ ਸਿਹਾਰੀ ਲਾ ਕੇ, ਰਿਹਿਆ ਗ਼ਲਤ ਨਹੀਂ ਪੜ੍ਹਨਾ, ਰਾਰਾ ਮੁਕਤਾ ਬੋਲੋ। ਨਾਦੰ, ਵੇਦੰ: ਟਿੱਪੀਆਂ ਖ਼ਿਆਲ ਨਾਲ ਬੋਲੋ, ਟਿੱਪੀ ਲਾਉਣ ਲੱਗਿਆਂ ਗੱਗਾ ਨਹੀਂ ਬੋਲਣਾ ਪਿਆਰੇ ਜੀ।	Guramukh Naadhan Guramukh Vaedhan Guramukh Rehiaa Samaaee ||	The Guru's Word is the Sound-current of the Naad; the Guru's Word is the Wisdom of the Vedas; the Guru's Word is all-pervading.	(ਪਰ ਉਸ ਰੱਬ ਦਾ) ਨਾਮ ਤੇ ਗਿਆਨ ਗੁਰੂ ਦੀ ਰਾਹੀਂ (ਪ੍ਰਾਪਤ ਹੁੰਦਾ ਹੈ)। ਗੁਰੂ ਦੀ ਰਾਹੀਂ ਹੀ (ਇਹ ਪਰਤੀਤ ਆਉਂਦੀ ਹੈ ਕਿ) ਉਹ ਹਰੀ ਸਭ ਥਾਈਂ ਵਿਆਪਕ ਹੈ।

45	2	ਗੁਰੁ ਈਸਰੁ ਗੁਰੁ ਗੋਰਖੁ ਬਰਮਾ ਗੁਰੁ ਪਾਰਬਤੀ ਮਾਈ॥	(ਈਸਰੁ) ਸ਼ਿਵਜੀ। (ਗੋਰਖੁ) ਵਿਸ਼ਨੂੰ। ਪਾਰਬਤੀ ਤੁੱਲ ਵਰ ਦਿੰਦੇ।(ਮਾ+ਈ) (ਮਾ) ਮਾਇਆ ਭਾਵ ਲੱਛਮੀ ਤੁੱਲ ਪਾਲਣਾ ਕਰਦੇ। (ਈ) ਸੁਰੱਸਤੀ ਤੁੱਲ ਵਿੱਦਿਆ ਦਿੰਦੇ।	Gur Eesar Gur Gorakh Baramaa Gur Paarabathee Maaee ||	The Guru is Shiva, the Guru is Vishnu and Brahma; the Guru is Paarvati and Lakhshmi.	ਗੁਰੂ ਹੀ (ਸਾਡੇ ਲਈ) ਸ਼ਿਵ ਹੈ, ਗੁਰੂ ਹੀ (ਸਾਡੇ ਲਈ) ਗੋਰਖ ਤੇ ਬ੍ਰਹਮਾ ਹੈ ਅਤੇ ਗੁਰੂ ਹੀ (ਸਾਡੇ ਲਈ) ਮਾਈ ਪਾਰਬਤੀ ਹੈ।
46	2	ਜੇ ਹਉ ਜਾਣਾ ਆਖਾ ਨਾਹੀ ਕਹਣਾ ਕਥਨੁ ਨ ਜਾਈ॥	ਕਹਣਾ: ਖ਼ਿਆਲ ਨਾਲ ਬੋਲੋ, ਹਾਹੇ ਸਿਹਾਰੀ ਨਹੀਂ ਬੋਲਣੀ।	Jae Ho Jaanaa Aakhaa Naahee Kehanaa Kathhan N Jaaee ||	Even knowing God, I cannot describe Him; He cannot be described in words.	ਉਂਝ (ਇਸ ਅਕਾਲ ਪੁਰਖ ਦੇ ਹੁਕਮ ਨੂੰ) ਜੇ ਮੈਂ ਸਮਝ, (ਭੀ) ਲਵਾਂ, (ਤਾਂ ਭੀ) ਉਸ ਦਾ ਵਰਣਨ ਨਹੀਂ ਕਰ ਸਕਦਾ। (ਅਕਾਲ ਪੁਰਖ ਦੇ ਹੁਕਮ ਦਾ) ਕਥਨ ਨਹੀਂ ਕੀਤਾ ਜਾ ਸਕਦਾ।
47	2	ਗੁਰਾ ਇਕ ਦੇਹਿ ਬੁਝਾਈ॥	ਗੁਰਾ: ਗੁਰਾਂ ਨਹੀਂ ਪੜ੍ਹਨਾ। ਬੁੱਝਾਈ	Guraa Eik Dhaehi Bujhaaee ||	The Guru has given me this one understanding:	(ਮੇਰੀ ਤਾਂ) ਹੇ ਸਤਿਗੁਰੂ! (ਤੇਰੇ ਅੱਗੇ ਅਰਦਾਸ ਹੈ ਕਿ) ਮੈਨੂੰ ਇਕ ਸਮਝ ਦੇਹ,

48	2	ਸਭਨਾ ਜੀਆ ਕਾ ਇਕੁ ਦਾਤਾ ਸੋ ਮੈ ਵਿਸਰਿ ਨ ਜਾਈ॥੫॥	(ਸੋ) ਉਹ ਦਾਸਨ ਦਾਸ ਨੂੰ ਵਿਸਰਿ ਨਹੀਂ ਜਾਂਦੇ। ਸਾਰਿਆਂ ਜੀਆਂ ਦੇ ਇੱਕੁ ਦਾਤੇ ਹਨ। ਜੇਕਰ, ਸੋ ਮੈ ਤੇ ਠਮਕੀ (ਠਹਿਰਾਉ) ਲਾਈਏ ਤਾਂ ਇਹ ਅਨਰਥ ਬਣੇਗਾਸਾਰਿਆਂ ਜੀਆਂ ਦੇ, ਜੋ ਇਕੁ ਦਾਤੇ ਰਾਮ ਜੀ ਹਨ, ਸੋ ਉਹ ਮੈ ਹਾਂ। ਇਸ ਲਈ ਸੋ ਤੇ ਠਮਕੀ ਲਾਉ। (ਮੈ) ਰੂਪ। ਮੈਂ ਬੋਲੋ। ਵਿਸ-ਰਿ: ਰਾਰੇ ਸਿਹਾਰੀ ਲਾਉ।	Sabhanaa Jeeaa Kaa Eik Dhaathaa So Mai Visar N Jaaee ||5||	There is only the One, the Giver of all souls. May I never forget Him! ||5||	ਕਿ ਜਿਹੜਾ ਸਭਨਾਂ ਜੀਵਾਂ ਨੂੰ ਦਾਤਾਂ ਦੇਣ ਵਾਲਾ ਇਕ ਰੱਬ ਹੈ, ਮੈਂ ਉਸ ਨੂੰ ਭੁਲਾ ਨਾ ਦਿਆਂ ॥੫॥
49	2	ਤੀਰਥਿ ਨਾਵਾ ਜੇ ਤਿਸੁ ਭਾਵਾ ਵਿਣੁ ਭਾਣੇ ਕਿ ਨਾਇ ਕਰੀ॥	(ਨ੍ਹਾਵਾ) ਇਸ਼ਨਾਨ ਕਰਾਂ। (ਨ੍ਹਾਇ) ਨਹਾ ਕੇ। ਤੀਰ-ਥਿ: ਥੱਥੇ ਸਿਹਾਰੀ ਲਾਉ।	Theerathh Naavaa Jae This Bhaavaa Vin Bhaanae K Naae Karee ||	If I am pleasing to Him, then that is my pilgrimage and cleansing bath. Without pleasing Him, what good are ritual cleansings?	ਮੈਂ ਤੀਰਥ ਉੱਤੇ ਜਾ ਕੇ ਤਦ ਇਸ਼ਨਾਨ ਕਰਾਂ ਜੇ ਇਉਂ ਕਰਨ ਨਾਲ ਉਸ ਪਰਮਾਤਮਾ ਨੂੰ ਖ਼ੁਸ਼ ਕਰ ਸਕਾਂ, ਪਰ ਜੇ ਇਸ ਤਰ੍ਹਾਂ ਪਰਮਾਤਮਾ ਖ਼ੁਸ਼ ਨਹੀਂ ਹੁੰਦਾ, ਤਾਂ ਮੈਂ (ਤੀਰਥ ਉੱਤੇ) ਇਸ਼ਨਾਨ ਕਰਕੇ ਕੀਹ ਖੱਟਾਂਗਾ?

50	2	ਜੇਤੀ ਸਿਰਠਿ ਉਪਾਈ ਵੇਖਾ ਵਿਣੁ ਕਰਮਾ ਕਿ ਮਿਲੈ ਲਈ॥	(ਸਿਰ-ਠਿ) ਸ੍ਰਿਸਟੀ। (ਉਪਾਈ) ਪੈਦਾ ਕੀਤੀ। (ਕਰਮਾ) ਕ੍ਰਿਪਾ। (ਕਿ) ਕੀ (ਮਿਲੈ) ਮਿਲ ਸਕਦਾ, (ਕਿ) ਕੀ ਕੋਈ (ਲਈ) ਲੈ ਸਕਦਾ ਹੈ।	Jaethee Sirath Oupaaee Vaekhaa Vin Karamaa K Milai Lee ||	I gaze upon all the created beings: without the karma of good actions, what are they given to receive?	ਅਕਾਲ ਪੁਰਖ ਦੀ ਪੈਦਾ ਕੀਤੀ ਹੋਈ ਜਿਤਨੀ ਭੀ ਦੁਨੀਆ ਮੈਂ ਵੇਖਦਾ ਹਾਂ, (ਇਸ ਵਿੱਚ) ਪਰਮਾਤਮਾ ਦੀ ਕਿਰਪਾ ਤੋਂ ਬਿਨਾ ਕਿਸੇ ਨੂੰ ਕੁਝ ਨਹੀਂ ਮਿਲਦਾ, ਕੋਈ ਕੁਝ ਨਹੀਂ ਲੈ ਸਕਦਾ।
51	2	ਮਤਿ ਵਿਚਿ ਰਤਨ ਜਵਾਹਰ ਮਾਣਿਕ ਜੇ ਇਕ ਗੁਰ ਕੀ ਸਿਖ ਸੁਣੀ॥	ਰਤਨ ਰੂਪੀ ਵੈਰਾਗ। ਜਵਾਹਰ ਰੂਪੀ ਗਿਆਨ। (ਮਾਣਿਕ) ਮੋਤੀਸੰਕੇਤੀ ਅਰਥ ਸ੍ਰਵਣ, ਮੰਨਣ, ਨਿਧਿਆਸਣ। (ਸਿੱਖ) ਸਿੱਖਿਆ। ਵਿੱਚਿ: ਤੱਤੇ ਚੱਚੇ ਸਿਹਾਰੀ ਲਾਉ। ਮਾ-ਣਿਕ: ਣਾਣੇ ਸਿਹਾਰੀ ਖ਼ਿਆਲ ਨਾਲ ਬੋਲੋ	Math Vich Rathan Javaahar Maanik Jae Eik Gur Kee Sikh Sunee ||	Within the mind are gems, jewels and rubies, if you listen to the Guru's Teachings, even once.	ਜੇ ਸਤਿਗੁਰੂ ਦੀ ਇਕ ਸਿੱਖਿਆ ਸੁਣ ਲਈ ਜਾਏ, ਤਾਂ ਮਨੁੱਖ ਦੀ ਬੁੱਧ ਦੇ ਅੰਦਰ ਰਤਨ, ਜਵਾਹਰ ਤੇ ਮੋਤੀ (ਉਪਜ ਪੈਂਦੇ ਹਨ, ਭਾਵ, ਪਰਮਾਤਮਾ ਦੇ ਗੁਣ ਪੈਦਾ ਹੋ ਜਾਂਦੇ ਹਨ)।
52	2	ਗੁਰਾ ਇਕ ਦੇਹਿ ਬੁਝਾਈ॥	ਗੁਰਾਂ ਨਹੀਂ ਪੜ੍ਹਨਾ। ਬੁੱਝਾਈ	Guraa Eik Dhaehi Bujhaaee ||	The Guru has given me this one understanding:	(ਤਾਂ ਤੇ) ਹੇ ਸਤਿਗੁਰੂ! (ਮੇਰੀ ਤੇਰੇ ਅੱਗੇ ਇਹ ਅਰਦਾਸ ਹੈ ਕਿ) ਮੈਨੂੰ ਇਕ ਇਹ ਸਮਝ ਦੇਹ,
53	2	ਸਭਨਾ ਜੀਆ ਕਾ ਇਕੁ ਦਾਤਾ ਸੋ ਮੈ ਵਿਸਰਿ ਨ ਜਾਈ॥੬॥		Sabhanaa Jeeaa Kaa Eik Dhaathaa So Mai Visar N Jaaee ||6||	There is only the One, the Giver of all souls. May I never forget Him! ||6||	ਜਿਸ ਕਰਕੇ ਮੈਨੂੰ ਉਹ ਅਕਾਲ ਪੁਰਖ ਨਾ ਵਿਸਰ ਜਾਏ, ਜੋ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ ॥੬॥

54	2	ਜੇ ਜੁਗ ਚਾਰੇ ਆਰਜਾ ਹੋਰ ਦਸੂਣੀ ਹੋਇ॥	(ਆਰਜਾ) ਉਮਰ,(ਦਸੂਣੀ) ਦਸ ਗੁਣੀ। ਜੁੱਗ: ਗੱਗੇ ਔਂਕੜ ਨ ਲਾਉ। ਦਸੂਣੀ: ਦੱਦੇ ਔਂਕੜ ਨ ਲਾਉ।	Jae Jug Chaarae Aarajaa Hor Dhasoonee Hoe ||	Even if you could live throughout the four ages, or even ten times more,	ਜੇ ਕਿਸੇ ਮਨੁੱਖ ਦੀ ਉਮਰ ਚਾਰ ਜੁਗਾਂ ਜਿਤਨੀ ਹੋ ਜਾਏ, (ਨਿਰੀ ਇਤਨੀ ਹੀ ਨਹੀਂ, ਸਗੋਂ ਜੇ) ਇਸ ਤੋਂ ਭੀ ਦਸ ਗੁਣੀ ਹੋਰ (ਉਮਰ) ਹੋ ਜਾਏ,
55	2	ਨਵਾ ਖੰਡਾ ਵਿਚਿ ਜਾਣੀਐ ਨਾਲਿ ਚਲੈ ਸਭੁ ਕੋਇ॥	(ਨਵਾ) ਨੌਂ (ਖੰਡਾਂ) ਹਿੱਸਿਆਂ ਭਾਵ ਸਾਰੀ ਧਰਤੀ ਤੇ (ਜਾਣੀਐ) ਜਾਣਿਆ ਜਾਵੇ, ਪ੍ਰਸਿੱਧ ਹੋਵੇ। ਚੱਲੈ। ਸੱਭੁ।	Navaa Khanddaa Vich Jaaneeai Naal Chalai Sabh Koe ||	And even if you were known throughout the nine continents and followed by all,	ਜੇ ਉਹ ਸਾਰੇ ਸੰਸਾਰ ਵਿਚ ਭੀ ਪਰਗਟ ਹੋ ਜਾਏ ਅਤੇ ਹਰੇਕ ਮਨੁੱਖ ਉਸ ਦੇ ਪਿੱਛੇ ਲੱਗ ਕੇ ਤੁਰੇ।
56	2	ਚੰਗਾ ਨਾਉ ਰਖਾਇ ਕੈ ਜਸੁ ਕੀਰਤਿ ਜਗਿ ਲੇਇ॥	ਜਸੁ: ਪੋਲਾ ਬੋਲੋ।ਕੀਰਤਿ: ਤੱਤੇ ਸਿਹਾਰੀ ਲਾਉ। ਜੱਗਿ। ਲੇਇ ਲੇ ਲੰਬਾ ਬੋਲ ਕੇ, ਇ ਸੰਕੋਚ ਕੇ ਬੋਲੋ	Changaa Naao Rakhaae Kai Jas Keerath Jag Laee ||	With a good name and reputation, with praise and fame throughout the world-	ਜੇ ਉਹ ਚੰਗੀ ਨਾਮਵਰੀ ਖੱਟ ਕੇ ਸਾਰੇ ਸੰਸਾਰ ਵਿਚ ਸ਼ੋਭਾ ਭੀ ਪ੍ਰਾਪਤ ਕਰ ਲਏ,
57	2	ਜੇ ਤਿਸੁ ਨਦਰਿ ਨ ਆਵਈ ਤ ਵਾਤ ਨ ਪੁਛੈ ਕੇ॥	(ਨਦਰਿ) ਮਿਹਰ।(ਵਾਤ) ਖ਼ਬਰ, ਗੱਲ।(ਕੇ) ਕੋਈ। ਤਿਸੁ ਪੋਲਾ। ਆ-ਵਈ, ਪੁੱਛੈ। ਵਾਵੇ ਨੂੰ ਬੱਬਾ ਨਹੀਂ ਬੋਲਣਾ	Jae This Nadhar N Aavee Th Vaath N Pushhai Kae ||	Still, if the Lord does not bless you with His Glance of Grace, then who cares? What is the use?	(ਪਰ) ਜੇਕਰ ਅਕਾਲ ਪੁਰਖ ਦੀ ਮਿਹਰ ਦੀ ਨਜ਼ਰ ਵਿਚ ਨਹੀਂ ਆ ਸਕਦਾ, ਤਾਂ ਉਹ ਉਸ ਬੰਦੇ ਵਰਗਾ ਹੈ ਜਿਸ ਦੀ ਕੋਈ ਖ਼ਬਰ ਭੀ ਨਹੀਂ ਪੁੱਛਦਾ (ਭਾਵ, ਇਤਨੀ ਮਾਣ ਵਡਿਆਈ ਵਾਲਾ ਹੁੰਦਿਆਂ ਭੀ ਅਸਲ ਵਿਚ ਨਿਆਸਰਾ ਹੀ ਹੈ)।

58	2	ਕੀਟਾ ਅੰਦਰਿ ਕੀਟੁ ਕਰਿ ਦੋਸੀ ਦੋਸੁ ਧਰੇ॥	(ਕੀਟਾ) ਕੀੜਿਆਂ	Keettaa Andhar Keett Kar Dhosee Dhos Dharae ||	Among worms, you would be considered a lowly worm, and even contemptible sinners would hold you in contempt.	(ਸਗੋਂ ਅਜਿਹਾ ਮਨੁੱਖ ਅਕਾਲ ਪੁਰਖ ਦੇ ਸਾਹਮਣੇ) ਇਕ ਮਮੂਲੀ ਜਿਹਾ ਕੀੜਾ ਹੈ ("ਖਸਮੈ ਨਦਰੀ ਕੀੜਾ ਆਵੈ" ਆਸਾ ਮ: ੧) ਅਕਾਲ ਪੁਰਖ ਉਸ ਨੂੰ ਦੋਸੀ ਥਾਪ ਕੇ (ਉਸ ਉੱਤੇ ਨਾਮ ਨੂੰ ਭੁੱਲਣ ਦਾ) ਦੋਸ਼ ਲਾਉਂਦਾ ਹੈ।
59	2	ਨਾਨਕ ਨਿਰਗੁਣਿ ਗੁਣੁ ਕਰੇ ਗੁਣਵੰਤਿਆ ਗੁਣੁ ਦੇ॥		Naanak Niragun Gun Karae Gunavanthiaa Gun Dhae ||	O Nanak, God blesses the unworthy with virtue, and bestows virtue on the virtuous.	ਹੇ ਨਾਨਕ! ਉਹ ਅਕਾਲ ਪੁਰਖ ਗੁਣ-ਹੀਨ ਮਨੁੱਖ ਵਿੱਚ ਗੁਣ ਪੈਦਾ ਕਰ ਦੇਂਦਾ ਹੈ ਤੇ ਗੁਣੀ ਮਨੁੱਖਾਂ ਨੂੰ ਭੀ ਗੁਣ ਉਹੀ ਬਖ਼ਸ਼ਦਾ ਹੈ।
60	2	ਤੇਹਾ ਕੋਇ ਨ ਸੁਝਈ ਜਿ ਤਿਸੁ ਗੁਣੁ ਕੋਇ ਕਰੇ॥੭॥	(ਸੁੱਝਈ) ਦਿਸਦਾ। ਗੁਣੁ: ਣਾਣੇ ਔਂਕੜ ਲਾਉ। ਤਿਸੁ: ਪੋਲਾ ਬੋਲੋ	Thaehaa Koe N Sujhee J This Gun Koe Karae ||7||	No one can even imagine anyone who can bestow virtue upon Him. ||7||	ਇਹੋ ਜਿਹਾ ਕੋਈ ਹੋਰ ਨਹੀਂ ਦਿੱਸਦਾ, ਜੋ ਨਿਰਗੁਣ ਜੀਵ ਨੂੰ ਕੋਈ ਗੁਣ ਦੇ ਸਕਦਾ ਹੋਵੇ। (ਭਾਵ ਪ੍ਰਭੂ ਦੀ ਮਿਹਰ ਦੀ ਨਜ਼ਰ ਹੀ ਉਸ ਨੂੰ ਉੱਚਾ ਕਰ ਸਕਦੀ ਹੈ, ਲੰਮੀ ਉਮਰ ਤੇ ਜਗਤ ਦੀ ਸ਼ੋਭਾ ਸਹਾਇਤਾ ਨਹੀਂ ਕਰਦੀ) ॥੭॥

61	2	ਸੁਣਿਐ ਸਿਧ ਪੀਰ ਸੁਰਿ ਨਾਥ॥	(ਸੁਣਿਐ) ਸੁਣਨ ਨਾਲ। (ਸਿੱਧ) ਹਿੰਦੂ ਮੱਤਿ ਚ ਸ਼ਕਤੀਆਂ ਵਾਲੇ। (ਪੀਰ) ਮੁਸਲਮਾਨ ਮੱਤਿ ਚ ਵੱਡੇ ਉਸਤਾਦ ਗੁਰੂ ਕਰਾਮਾਤੀ ਨੂੰ ਪੀਰ ਮੰਨਦੇ ਹਨ। (ਸੁਰਿ) ਦੇਵਤੇ। (ਨਾਥ) ਮਾਲਕ, ਸੁਆਮੀ, ਸਿੱਧਾਂ ਚ ਨੌਂ ਨਾਥ ਮੁਖੀ ਹਨ। ਸੁਣਿਐ: ਣਾਣੇ ਬਿਹਾਰੀ ਜਾਂ ਐੜੇ ਬਿੰਦੀ ਨਹੀਂ ਬੋਲਣੀ	Suniai Sidhh Peer Sur Naathh ||	Listening-the Siddhas, the spiritual teachers, the heroic warriors, the yogic masters.	ਇਹ ਨਾਮ ਹਿਰਦੇ ਵਿਚ ਟਿਕਣ ਦੀ ਹੀ ਬਰਕਤਿ ਹੈ ਕਿ ਵਾਹਿਗੁਰੂ ਦੀ ਸਿਫ਼ਤ-ਸਾਲਾਹ ਸੁਣਨ ਨਾਲ (ਸਾਧਾਰਨ ਮਨੁੱਖ) ਸਿੱਧਾਂ, ਪੀਰਾਂ, ਦੇਵਤਿਆਂ ਤੇ ਨਾਥਾਂ ਦੀ ਪਦਵੀ ਪਾ ਲੈਂਦੇ ਹਨ
62	2	ਸੁਣਿਐ ਧਰਤਿ ਧਵਲ ਆਕਾਸ॥	ਨਾਮ ਸ੍ਰਵਣ ਕਰਕੇ ਸੰਤੋਖ ਰੂਪੀ ਚਾਰੇ ਨੂੰ ਚਰ ਕੇ, ਸ਼ੁਭ ਗੁਣਾਂ ਸਹਿਤ ਧਰਮ ਰੂਪੀ (ਧਵਲ) ਬੈਲ ਧਰਤੀ ਨੂੰ ਆਕਾਸ ਚ ਚੁੱਕੀ ਖੜ੍ਹਾ ਹੈ। ਆਕਾਸ: ਐੜੇ ਕੰਨਾ ਖ਼ਿਆਲ ਨਾਲ ਲਾਉ	Suniai Dhharath Dhhaval Aakaas ||	Listening-the earth, its support and the Akaashic ethers.	ਤੇ ਵਾਹਿਗੁਰੂ ਦੀ ਸਿਫ਼ਤ-ਸਾਲਾਹ ਸੁਣਨ ਨਾਲ ਉਹਨਾਂ ਨੂੰ ਇਹ ਸੋਝੀ ਹੋ ਜਾਂਦੀ ਹੈ ਕਿ ਧਰਤੀ ਆਕਾਸ਼ ਦਾ ਆਸਰਾ ਉਹ ਪ੍ਰਭੂ ਹੈ,
63	2	ਸੁਣਿਐ ਦੀਪ ਲੋਅ ਪਾਤਾਲ॥	ਲੋਅ: ਲੋ ਲੰਬਾ ਬੋਲ ਕੇ, ਐੜਾ ਮੁਕਤਾ ਖ਼ਿਆਲ ਨਾਲ ਬੋਲੋ	Suniai Dheep Loa Paathaal ||	Listening-the oceans, the lands of the world and the nether regions of the underworld.	ਵਾਹਿਗੁਰੂ ਦੀ ਸਿਫ਼ਤ-ਸਾਲਾਹ ਸੁਣਨ ਨਾਲ ਸੋਝੀ ਪੈਂਦੀ ਹੈ ਕਿ ਵਾਹਿਗੁਰੂ ਜੋ ਸਾਰੇ ਦੀਪਾਂ, ਲੋਕਾਂ, ਪਾਤਾਲਾਂ ਵਿਚ ਵਿਆਪਕ ਹੈ

64	2	ਸੁਣਿਐ ਪੋਹਿ ਨ ਸਕੈ ਕਾਲੁ॥	ਸਕੈ: ਪੋਲਾ ਬੋਲੋ	Suniai Pohi N Sakai Kaal ||	Listening-Death cannot even touch you.	(ਵਾਹਿਗੁਰੂ ਦੀ ਸਿਫ਼ਤ-ਸਾਲਾਹ ਸੁਣਨ ਵਾਲੇ ਮਨੁੱਖ ਕਾਲ ਵੀ ਨਹੀਂ ਪੋਂਹਦਾ ਭਾਵ ਉਨ੍ਹਾਂ ਨੂੰ ਮੌਤ ਨਹੀਂ ਡਰਾ ਸਕਦੀ)
65	2	ਨਾਨਕ ਭਗਤਾ ਸਦਾ ਵਿਗਾਸੁ॥	(ਭਗਤਾ) ਵਾਹਿਗੁਰੂ ਜੀ, ਭਗਤ ਜਨ। (ਵਿਗਾਸੁ) ਖੇੜਾ, ਖੁਸ਼ੀ	Naanak Bhagathaa Sadhaa Vigaas ||	O Nanak, the devotees are forever in bliss.	ਹੇ ਨਾਨਕ! (ਅਕਾਲ ਪੁਰਖ ਦੇ ਨਾਮ ਵਿਚ ਸੁਰਤ ਜੋੜਨ ਵਾਲੇ) ਭਗਤ ਜਨਾਂ ਦੇ ਹਿਰਦੇ ਵਿਚ ਸਦਾ ਖਿੜਾਉ ਬਣਿਆ ਰਹਿੰਦਾ ਹੈ,
66	2	ਸੁਣਿਐ ਦੂਖ ਪਾਪ ਕਾ ਨਾਸੁ ॥੮॥		Suniai Dhookh Paap Kaa Naas ||8||	Listening-pain and sin are erased. ||8||	(ਕਿਉਂਕਿ) ਉਸ ਦੀ ਸਿਫ਼ਤ-ਸਾਲਾਹ ਸੁਣਨ ਕਰ ਕੇ (ਮਨੁੱਖ ਦੇ) ਦੁੱਖਾਂ ਤੇ ਪਾਪਾਂ ਦਾ ਨਾਸ ਹੋ ਜਾਂਦਾ ਹੈ ॥੮॥
67	2	ਸੁਣਿਐ ਈਸਰੁ ਬਰਮਾ ਇੰਦੁ॥		Suniai Eesar Baramaa Eindh ||	Listening-Shiva, Brahma and Indra.	ਅਕਾਲ ਪੁਰਖ ਦੇ ਨਾਮ ਵਿਚ ਸੁਰਤ ਜੋੜਨ ਦਾ ਸਦਕਾ ਸਾਧਾਰਨ ਮਨੁੱਖ ਸ਼ਿਵ, ਬ੍ਰਹਮਾ ਤੇ ਇੰਦਰ ਦੀ ਪਦਵੀ 'ਤੇ ਅੱਪੜ ਜਾਂਦਾ ਹੈ,
68	2	ਸੁਣਿਐ ਮੁਖਿ ਸਾਲਾਹਣ ਮੰਦੁ॥	(ਮੰਦੁ) ਨੀਚ। ਸਾਲਾਹਣ: ਦੇ ਸੱਸੇ ਕੰਨਾ ਲਾਉ। ਮੁਖਿ: ਦਰਮਿਆਨਾ (ਮੀਡੀਅਮ ਭਾਰਾ) ਬੋਲੋ	Suniai Mukh Saalaahan Mandh ||	Listening-even foul-mouthed people praise Him.	ਮੰਦਾ ਮਨੁੱਖ ਭੀ ਮੂੰਹੋਂ ਰੱਬ ਦੀਆਂ ਸਿਫ਼ਤਾਂ ਕਰਨ ਲੱਗ ਪੈਂਦਾ ਹੈ,

69	2	ਸੁਣਿਐ ਜੋਗ ਜੁਗਤਿ ਤਨਿ ਭੇਦ॥	ਜੁਗਤਿ: ਜੱਜੇ ਅਧਕ ਨਹੀਂ ਲਾਉਣਾ ਤੱਤੇ ਸਿਹਾਰੀ ਲਾਉ, ਗੱਗੇ ਸਿਹਾਰੀ ਨਹੀ ਲਾਉਣੀ	Suniai Jog Jugath Than Bhaedh ||	Listening-the technology of Yoga and the secrets of the body.	(ਸਾਧਾਰਨ ਬੁੱਧ ਵਾਲੇ ਨੂੰ ਭੀ) ਸਰੀਰ ਵਿਚ ਦੀਆਂ ਗੁੱਝੀਆਂ ਗੱਲਾਂ, (ਭਾਵ, ਅੱਖਾਂ, ਕੰਨ, ਜੀਭ ਆਦਿਕ ਇੰਦਰੀਆਂ ਦੇ ਚਾਲਿਆਂ ਤੇ ਵਿਕਾਰ ਆਦਿਕਾਂ ਵੱਲ ਦੌੜ-ਭੱਜ) ਦੇ ਭੇਦ ਦਾ ਪਤਾ ਲੱਗ ਜਾਂਦਾ ਹੈ,
70	2	ਸੁਣਿਐ ਸਾਸਤ ਸਿਮ੍ਰਿਤਿ ਵੇਦ॥	ਸਿਮ-੍ਰਿਤਿ: ਮ ਮੁਕਤਾ ਬੋਲੋ, ਅੱਧੇ ਰਾਰੇ ੍ ਨੂੰ ਸਿਹਾਰੀ ਲਾ ਕੇ ਪੋਲਾ ਬੋਲੋ, ਸਿਹਾਰੀ ਤੱਤੇ ਨੂੰ ਭੀ ਲਾਉ	Suniai Saasath Simrith Vaedh ||	Listening-the Shaastras, the Simritees and the Vedas.	ਪ੍ਰਭੂ-ਮੇਲ ਦੀ ਜੁਗਤੀ ਦੀ ਸਮਝ ਪੈ ਜਾਂਦੀ ਹੈ, ਸ਼ਾਸਤ੍ਰਾਂ ਸਿਮ੍ਰਿਤੀਆਂ ਤੇ ਵੇਦਾਂ ਦੀ ਸਮਝ ਪੈ ਜਾਂਦੀ ਹੈ (ਭਾਵ, ਧਾਰਮਿਕ ਪੁਸਤਕਾਂ ਦਾ ਅਸਲ ਉੱਚਾ ਨਿਸ਼ਾਨਾ ਤਦੋਂ ਸਮਝ ਪੈਂਦਾ ਹੈ ਜਦੋਂ ਅਸੀਂ ਨਾਮ ਵਿਚ ਸੁਰਤ ਜੋੜਦੇ ਹਾਂ, ਨਹੀਂ ਤਾਂ ਨਿਰੇ ਲਫ਼ਜ਼ਾਂ ਨੂੰ ਹੀ ਪੜ੍ਹ ਛਡਦੇ ਹਾਂ, ਉਸ ਅਸਲੀ ਜਜ਼ਬੇ ਵਿਚ ਨਹੀਂ ਪਹੁੰਚਦੇ, ਜਿਸ ਜਜ਼ਬੇ ਵਿਚ ਅਪੜ ਕੇ ਉਹ ਧਾਰਮਿਕ ਪੁਸਤਕਾਂ ਉਚਾਰੀਆਂ ਹੁੰਦੀਆਂ ਹਨ)
71	2	ਨਾਨਕ ਭਗਤਾ ਸਦਾ ਵਿਗਾਸੁ॥		Naanak Bhagathaa Sadhaa Vigaas ||	O Nanak, the devotees are forever in bliss.	ਹੇ ਨਾਨਕ! (ਨਾਮ ਨਾਲ ਪ੍ਰੀਤ ਕਰਨ ਵਾਲੇ) ਭਗਤ ਜਨਾਂ ਦੇ ਹਿਰਦੇ ਵਿਚ ਸਦਾ ਖਿੜਾਉ ਬਣਿਆ ਰਹਿੰਦਾ ਹੈ;
72	3	ਸੁਣਿਐ ਦੂਖ ਪਾਪ ਕਾ ਨਾਸੁ॥੯॥		Suniai Dhookh Paap Kaa Naas ||9||	Listening-pain and sin are erased. ||9||	(ਕਿਉਂਕਿ) ਰੱਬ ਦੀ ਸਿਫ਼ਤਿ ਸਾਲਾਹ ਸੁਣਨ ਕਰਕੇ (ਮਨੁੱਖ ਦੇ) ਦੁਖਾਂ ਤੇ ਪਾਪਾਂ ਦਾ ਨਾਸ਼ ਹੋ ਜਾਂਦਾ ਹੈ ॥੯॥

73	3	ਸੁਣਿਐ ਸਤੁ ਸੰਤੋਖੁ ਗਿਆਨੁ॥	(ਸੱਤੁ) ਸੱਚ	Suniai Sath Santhokh Giaan ||	Listening-truth, contentment and spiritual wisdom.	ਰੱਬ ਦੇ ਨਾਮ ਵਿਚ ਜੁੜਨ ਨਾਲ (ਹਿਰਦੇ ਵਿਚ) ਦਾਨ (ਦੇਣ ਦਾ ਸੁਭਾਉ), ਸੰਤੋਖ ਤੇ ਪ੍ਰਕਾਸ਼ ਪਰਗਟ ਹੋ ਜਾਂਦਾ ਹੈ,
74	3	ਸੁਣਿਐ ਅਠਸਠਿ ਕਾ ਇਸਨਾਨੁ॥	(ਅੱਠਸੱਠਿ) ਅਠਾਹਟ ਤੀਰਥ। ਇਸਨਾਨੁ: ਸੱਸੇ ਪੈਰ ਚ ਬਿੰਦੀ ਨਹੀਂ ਲਾਉਣੀ	Suniai Athasath Kaa Eisanaan ||	Listening-take your cleansing bath at the sixty-eight places of pilgrimage.	ਮਾਨੋ, ਅਠਾਹਠ ਤੀਰਥਾਂ ਦਾ ਇਸ਼ਨਾਨ (ਹੀ) ਹੋ ਜਾਂਦਾ ਹੈ (ਭਾਵ, ਅਠਾਰਠ ਤੀਰਥਾਂ ਦੇ ਇਸ਼ਨਾਨ ਨਾਮ ਜਪਣ ਦੇ ਵਿਚ ਹੀ ਆ ਜਾਂਦੇ ਹਨ)।
75	3	ਸੁਣਿਐ ਪੜਿ ਪੜਿ ਪਾਵਹਿ ਮਾਨੁ॥	ਪੜ੍ਹਿ ਪੜ੍ਹਿ	Suniai Parr Parr Paavehi Maan ||	Listening-reading and reciting, honor is obtained.	ਜੋ ਸਤਕਾਰ (ਮਨੁੱਖ ਵਿੱਦਿਆ) ਪੜ੍ਹ ਕੇ ਪਾਂਦੇ ਹਨ, ਉਹ ਭਗਤ ਜਨਾਂ ਨੂੰ ਅਕਾਲ ਪੁਰਖ ਦੇ ਨਾਮ ਵਿਚ ਜੁੜ ਕੇ ਹੀ ਮਿਲ ਜਾਂਦਾ ਹੈ।
76	3	ਸੁਣਿਐ ਲਾਗੈ ਸਹਜਿ ਧਿਆਨੁ॥	(ਸਹਜਿ) ਨਿਰਯਤਨ, ਸ਼ਾਂਤੀ ਸਹਿਤ। ਸਹਜਿ: ਸ, ਹ ਮੁਕਤੇ ਬੋਲ ਕੇ, ਜੱਜੇ ਸਿਹਾਰੀ ਲਾਉ	Suniai Laagai Sehaj Dhhiaan ||	Listening-intuitively grasp the essence of meditation.	ਨਾਮ ਸੁਣਨ ਦਾ ਸਦਕਾ ਅਡੋਲਤਾ ਵਿਚ ਚਿੱਤ ਦੀ ਬ੍ਰਿਤੀ ਟਿਕ ਜਾਂਦੀ ਹੈ।
77	3	ਨਾਨਕ ਭਗਤਾ ਸਦਾ ਵਿਗਾਸੁ॥		Naanak Bhagathaa Sadhaa Vigaas ||	O Nanak, the devotees are forever in bliss.	ਹੇ ਨਾਨਕ! (ਅਕਾਲ ਪੁਰਖ ਦੇ ਨਾਮ ਵਿਚ ਸੁਰਤ ਜੋੜਨ ਵਾਲੇ) ਭਗਤ ਜਨਾਂ ਦੇ ਹਿਰਦੇ ਵਿਚ ਸਦਾ ਖਿੜਾਉ ਬਣਿਆ ਰਹਿੰਦਾ ਹੈ,
78	3	ਸੁਣਿਐ ਦੂਖ ਪਾਪ ਕਾ ਨਾਸੁ॥੧੦॥		Suniai Dhookh Paap Kaa Naas ||10||	Listening-pain and sin are erased. ||10||	(ਕਿਉਂਕਿ) ਅਕਾਲ ਪੁਰਖ ਦੀ ਸਿਫ਼ਤ-ਸਾਲਾਹ ਸੁਣਨ ਨਾਲ (ਮਨੁੱਖ ਦੇ) ਦੱਖਾਂ ਤੇ ਪਾਪਾਂ ਦਾ ਨਾਸ ਹੋ ਜਾਂਦਾ ਹੈ ॥੧੦॥

79	3	ਸੁਣਿਐ ਸਰਾ ਗੁਣਾ ਕੇ ਗਾਹ॥	(ਸਰਾ) ਸਰੋਵਰਾਂ ਤੋਂ ਗੁਣਾਂ ਦੇ (ਗਾਹ) ਅਥਾਹ ਸਮੁੰਦਰ ਹੋ ਜਾਂਦੇ ਹਨ, (ਸਰਾ ਗੁਣਾਂ) ਗੁਣਾਂ ਦੇ ਸਰੋਵਰਾਂ ਭਾਵ ਬੇਅੰਤ ਗੁਣਾਂ ਦੇ (ਗਾਹ) ਧਾਰਨੀ ਹੋ ਜਾਂਦੇ ਹਨ। ਗਾਹ ਗੱਗੇ ਕੰਨਾ ਲੰਬਾ ਬੋਲ ਕੇ ਹਾਹਾ ਮੁਕਤਾ ਬੋਲੋ। ਸਰਾ: ਕੰਨੇ ਬਿੰਦੀ ਨਹੀਂ ਲਾਉਣੀ। ਗੁਣਾਂ	Suniai Saraa Gunaa Kae Gaah ||	Listening-dive deep into the ocean of virtue.	ਅਕਾਲ ਪੁਰਖ ਦੇ ਨਾਮ ਵਿਚ ਸੁਰਤ ਜੋੜਨ ਨਾਲ (ਸਾਧਾਰਨ ਮਨੁੱਖ) ਬੇਅੰਤ ਗੁਣਾਂ ਦੀ ਸੂਝ ਵਾਲੇ ਹੋ ਜਾਂਦੇ ਹਨ,
80	3	ਸੁਣਿਐ ਸੇਖ ਪੀਰ ਪਾਤਿਸਾਹ॥	ਸੇਖ, ਪਾਤਿਸਾਹ: ਸੱਸੇ ਪੈਰ ਬਿੰਦੀ ਨਹੀਂ ਲਾਉਣੀ	Suniai Saekh Peer Paathisaah ||	Listening-the Shaykhs, religious scholars, spiritual teachers and emperors.	ਅਤੇ ਸ਼ੇਖ ਪੀਰ ਤੇ ਪਾਤਿਸ਼ਾਹਾਂ ਦੀ ਪਦਵੀ ਪਾ ਲੈਂਦੇ ਹਨ।
81	3	ਸੁਣਿਐ ਅੰਧੇ ਪਾਵਹਿ ਰਾਹੁ॥	ਰਾਹੁ: ਕੰਨਾ ਲੰਬਾ ਬੋਲ ਕੇ, ਹਾਹੇ ਔਂਕੜ ਸੰਕੋਚ ਕੇ ਬੋਲੋ	Suniai Andhhae Paavehi Raahu ||	Listening-even the blind find the Path.	ਇਹ ਨਾਮ ਸੁਣਨ ਦੀ ਹੀ ਬਰਕਤਿ ਹੈ ਕਿ ਅੰਨ੍ਹੇ ਗਿਆਨ-ਹੀਣ ਮਨੁੱਖ ਭੀ (ਅਕਾਲ ਪੁਰਖ ਨੂੰ ਮਿਲਣ ਦਾ) ਰਾਹ ਲੱਭ ਲੈਂਦੇ ਹਨ।
82	3	ਸੁਣਿਐ ਹਾਥ ਹੋਵੈ ਅਸਗਾਹੁ॥	(ਅਸਗਾਹੁ) ਅਥਾਹ ਡੰਘਾ	Suniai Haathh Hovai Asagaahu ||	Listening-the Unreachable comes within your grasp.	ਅਕਾਲ ਪੁਰਖ ਦੇ ਨਾਮ ਵਿਚ ਜੁੜਨ ਦਾ ਸਦਕਾ ਇਸ ਡੂੰਘੇ ਸੰਸਾਰ-ਸਮੁੰਦਰ ਦੀ ਅਸਲੀਅਤ ਸਮਝ ਵਿਚ ਆ ਜਾਂਦੀ ਹੈ।

83	3	ਨਾਨਕ ਭਗਤਾ ਸਦਾ ਵਿਗਾਸੁ॥		Naanak Bhagathaa Sadhaa Vigaas ||	O Nanak, the devotees are forever in bliss.	ਹੇ ਨਾਨਕ! (ਅਕਾਲ ਪੁਰਖ ਦੇ ਨਾਮ ਵਿਚ ਸੁਰਤ ਜੋੜਨ ਵਾਲੇ) ਭਗਤ ਜਨਾਂ ਦੇ ਹਿਰਦੇ ਵਿਚ ਸਦਾ ਖਿੜਾਉ ਬਣਿਆ ਰਹਿੰਦਾ ਹੈ,
84	3	ਸੁਣਿਐ ਦੂਖ ਪਾਪ ਕਾ ਨਾਸੁ॥੧੧॥		Suniai Dhookh Paap Kaa Naas ||11||	Listening-pain and sin are erased. ||11||	(ਕਿਉਂਕਿ) ਅਕਾਲ ਪੁਰਖ ਦਾ ਨਾਮ ਸੁਣਨ ਨਾਲ (ਮਨੁੱਖ ਦੇ) ਦੁੱਖਾਂ ਤੇ ਪਾਪਾਂ ਦਾ ਨਾਸ ਹੋ ਜਾਂਦਾ ਹੈ ॥੧੧॥
85	3	ਮੰਨੇ ਕੀ ਗਤਿ ਕਹੀ ਨ ਜਾਇ॥	(ਪੋਲਾ ਗਤਿ) ਰੀਤੀ, ਚਾਲ, ਵਿਵਸਥਾ, ਪ੍ਰਾਪਤੀ	Mannae Kee Gath Kehee N Jaae ||	The state of the faithful cannot be described.	ਉਸ ਮਨੁੱਖ ਦੀ (ਉੱਚੀ) ਆਤਮਕ ਅਵਸਥਾ ਦੱਸੀ ਨਹੀਂ ਜਾ ਸਕਦੀ, ਜਿਸ ਨੇ (ਅਕਾਲ ਪੁਰਖ ਦੇ ਨਾਮ ਨੂੰ) ਮੰਨ ਲਿਆ ਹੈ, (ਭਾਵ, ਜਿਸ ਦੀ ਲਗਨ ਨਾਮ ਵਿਚ ਲੱਗ ਗਈ ਹੈ)।
86	3	ਜੇ ਕੋ ਕਹੈ ਪਿਛੈ ਪਛੁਤਾਇ॥	ਪਿੱਛੈ, ਪਛੁ-ਤਾਇ ਔਂਕੜ ਲਾਉ	Jae Ko Kehai Pishhai Pashhuthaae ||	One who tries to describe this shall regret the attempt.	ਜੇ ਕੋਈ ਮਨੁੱਖ ਬਿਆਨ ਕਰੇ ਭੀ, ਤਾਂ ਉਹ ਪਿਛੋਂ ਪਛਤਾਉਂਦਾ ਹੈ (ਕਿ ਮੈਂ ਹੋਛਾ ਜਤਨ ਕੀਤਾ ਹੈ)।
87	3	ਕਾਗਦਿ ਕਲਮ ਨ ਲਿਖਣਹਾਰੁ ॥	ਕਾ-ਗਦਿ:ਪੋਲਾ ਦੱਦੇ ਸਿਹਾਰੀ ਲਾਉ। ਲਿਖਣਹਾਰੁ ਪੋਲਾ, ਰਾਰੇ ਔਂਕੜ ਬੋਲੋ	Kaagadh Kalam N Likhanehaar ||	No paper, no pen, no scribe	(ਨਾਮ ਵਿਚ) ਪਤੀਜੇ ਹੋਏ ਦੀ ਆਤਮਕ ਅਵਸਥਾ ਕਾਗਜ਼ ਉੱਤੇ ਕਲਮ ਨਾਲ ਕੋਈ ਮਨੁੱਖ ਲਿਖਣ ਦੇ ਸਮਰੱਥ ਨਹੀਂ ਹੈ,
88	3	ਮੰਨੇ ਕਾ ਬਹਿ ਕਰਨਿ ਵੀਚਾਰੁ॥	ਸਤਸੰਗਤ ਚ (ਬਹਿ) ਇਸਥਿੱਤ ਹੋ ਕੇ।ਬਹਿ: ਹਾਹੇ ਸਿਹਾਰੀ ਲਾਉ, ਬੱਬੇ ਦੁਲਾਵਾਂ ਨ ਬੋਲੋ	Mannae Kaa Behi Karan Veechaar ||	Can record the state of the faithful.	(ਭਾਵੇਂ ਕਿ ਮਨੁੱਖ) ਰਲ ਕੇ ਉਸ ਦਾ ਅੰਦਾਜ਼ਾ ਲਾਂਦੇ ਲਾਉਣ ਬਾਬਤ ਵੀਚਾਰ (ਜ਼ਰੂਰ) ਕਰਦੇ ਹਨ।

89	3	ਐਸਾ ਨਾਮੁ ਨਿਰੰਜਨੁ ਹੋਇ॥	(ਨਿਰੰਜਨੁ) ਪਵਿੱਤ੍ਰ, ਨਿਰਲੇਪ	Aisaa Naam Niranjan Hoe ||	Such is the Name of the Immaculate Lord.	ਅਕਾਲ ਪੁਰਖ ਦਾ ਨਾਮ ਬਹੁਤ (ਉੱਚਾ) ਹੈ ਤੇ ਮਾਇਆ ਦੇ ਪਰਭਾਵ ਤੋਂ ਪਰੇ ਹੈ, (ਇਸ ਵਿਚ ਜੁੜਨ ਵਾਲਾ ਭੀ ਉੱਚੀ ਆਤਮਕ ਅਵਸਥਾ ਵਾਲਾ ਹੋ ਜਾਂਦਾ ਹੈ, ਪਰ ਇਹ ਗੱਲ ਤਾਂ ਹੀ ਸਮਝ ਵਿੱਚ ਆਉਂਦੀ ਹੈ)
90	3	ਜੇ ਕੋ ਮੰਨਿ ਜਾਣੈ ਮਨਿ ਕੋਇ॥੧੨॥		Jae Ko Mann Jaanai Man Koe ||12||	Only one who has faith comes to know such a state of mind. ||12||	ਜੇ ਕੋਈ ਮਨੁੱਖ ਆਪਣੇ ਅੰਦਰ ਲਗਨ ਲਾ ਕੇ ਵੇਖੇ ॥੧੨॥
91	3	ਮੰਨੈ ਸੁਰਤਿ ਹੋਵੈ ਮਨਿ ਬੁਧਿ॥	ਸੁਰ-ਤਿ: ਤੱਤੇ ਸਿਹਾਰੀ ਹੈ। ਬੁੱਧਿ	Mannai Surath Hovai Man Budhh ||	The faithful have intuitive awareness and intelligence.	ਜੇ ਮਨੁੱਖ ਦੇ ਮਨ ਵਿਚ ਪ੍ਰਭੂ ਦੇ ਨਾਮ ਦੀ ਲਗਨ ਲੱਗ ਜਾਏ, ਤਾਂ ਉਸ ਦੀ ਸੁਰਤ ਉੱਚੀ ਹੋ ਜਾਂਦੀ ਹੈ, ਉਸ ਦੇ ਮਨ ਵਿਚ ਜਾਗ੍ਰਤ ਆ ਜਾਂਦੀ ਹੈ, (ਭਾਵ, ਮਾਇਆ ਵਿਚ ਸੁੱਤਾ ਮਨ ਜਾਗ ਪੈਂਦਾ ਹੈ)
92	3	ਮੰਨੈ ਸਗਲ ਭਵਣ ਕੀ ਸੁਧਿ॥	(ਭਵਣ) ਸ੍ਰਿਸ਼ਟੀ। (ਸੁੱਧਿ) ਗਿਆਤ	Mannai Sagal Bhavan Kee Sudhh ||	The faithful know about all worlds and realms.	ਸਾਰੇ ਭਵਨਾਂ ਦੀ ਉਸ ਨੂੰ ਸੋਝੀ ਹੋ ਜਾਂਦੀ ਹੈ (ਕਿ ਹਰ ਥਾਂ ਪ੍ਰਭੂ ਵਿਆਪਕ ਹੈ।)
93	3	ਮੰਨੈ ਮੁਹਿ ਚੋਟਾ ਨਾ ਖਾਇ॥	(ਮੁਹਿ) ਮੂੰਹ। ਮੁਹਿ ਮੰਮੇ ਔਂਕੜ, ਹੋੜਾ ਨਹੀਂ ਬੋਲਣਾ	Mannai Muhi Chottaa Naa Khaae ||	The faithful shall never be struck across the face.	ਉਹ ਮਨੁੱਖ (ਸੰਸਾਰ ਦੇ ਵਿਕਾਰਾਂ ਦੀਆਂ) ਸੱਟਾਂ ਮੂੰਹ ਉੱਤੇ ਨਹੀਂ ਖਾਦਾ (ਭਾਵ, ਸੰਸਾਰਕ ਵਿਕਾਰ ਉਸ ਉੱਤੇ ਦਬਾ ਨਹੀਂ ਪਾ ਸਕਦੇ),

94	3	ਮੰਨੈ ਜਮ ਕੈ ਸਾਥਿ ਨ ਜਾਇ॥	ਜਮ: ਪੋਲਾ ਬੋਲੋ	Mannai Jam Kai Saathh N Jaae ||	The faithful do not have to go with the Messenger of Death.	ਅਤੇ ਜਮਾਂ ਨਾਲ ਉਸ ਨੂੰ ਵਾਹ ਨਹੀਂ ਪੈਂਦਾ (ਭਾਵ, ਉਹ ਜਨਮ ਮਰਨ ਦੇ ਗੇੜ ਵਿਚੋਂ ਬਚ ਜਾਂਦਾ ਹੈ)।
95	3	ਐਸਾ ਨਾਮੁ ਨਿਰੰਜਨੁ ਹੋਇ॥		Aisaa Naam Niranjan Hoe ||	Such is the Name of the Immaculate Lord.	ਅਕਾਲ ਪੁਰਖ ਦਾ ਨਾਮ, ਜੋ ਮਾਇਆ ਦੇ ਪਰਭਾਵ ਤੋਂ ਪਰੇ ਹੈ, ਇੱਡਾ (ਉੱਚਾ) ਹੈ (ਕਿ ਇਸ ਵਿਚ ਜੁੜਨ ਵਾਲਾ ਭੀ ਉੱਚੀ ਆਤਮਕ ਅਵਸਥਾ ਵਾਲਾ ਹੋ ਜਾਂਦਾ ਹੈ, ਪਰ ਇਹ ਗੱਲ ਤਾਂ ਹੀ ਸਮਝ ਵਿਚ ਆਉਂਦੀ ਹੈ),
96	3	ਜੇ ਕੋ ਮੰਨਿ ਜਾਣੈ ਮਨਿ ਕੋਇ॥੧੩॥		Jae Ko Mann Jaanai Man Koe ||13||	Only one who has faith comes to know such a state of mind. ||13||	ਜੇ ਕੋਈ ਮਨੁੱਖ ਆਪਣੇ ਮਨ ਵਿਚ ਹਰਿ-ਨਾਮ ਦੀ ਲਗਨ ਪੈਦਾ ਕਰ ਲਏ ॥੧੩॥
97	3	ਮੰਨੈ ਮਾਰਗਿ ਠਾਕ ਨ ਪਾਇ॥	(ਠਾਕ) ਰੋਕ	Mannai Maarag Thaak N Paae ||	The path of the faithful shall never be blocked.	ਜੇ ਮਨੁੱਖ ਦਾ ਮਨ ਨਾਮ ਵਿਚ ਪਤੀਜ ਜਾਏ ਤਾਂ ਜ਼ਿਦੰਗੀ ਦੇ ਸਫ਼ਰ ਵਿਚ ਵਿਚਾਰ ਆਦਿਕ ਦੀ ਕੋਈ ਰੋਕ ਨਹੀਂ ਪੈਂਦੀ।
98	3	ਮੰਨੈ ਪਤਿ ਸਿਉ ਪਰਗਟੁ ਜਾਇ॥	(ਪਤਿ) ਇੱਜ਼ਤ। ਪਤਿ: ਪੋਲਾ ਬੋਲੋ। ਪਰ-ਗਟ ਪੂਰਾ ਰਾਰਾ ਲਾਉ	Mannai Path Sio Paragatt Jaae ||	The faithful shall depart with honor and fame.	ਉਹ (ਸੰਸਾਰ ਵਿਚ) ਸ਼ੋਭਾ ਖੱਟ ਕੇ ਇੱਜ਼ਤ ਨਾਲ ਜਾਂਦਾ ਹੈ।

99	3	ਮੰਨੈ ਮਗੁ ਨ ਚਲੈ ਪੰਥੁ॥	ਮੌਤ ਦੇ ਅਥਵਾ ਅਨੇਕ ਤਰ੍ਹਾਂ ਦੀ ਉਪਾਸ਼ਨਾਂ ਰੂਪ (ਮਗੁ) ਪਗਡੰਡੀਆਂ ਦੇ, (ਪੰਥੁ) ਰਸਤੇ ਨਹੀਂ ਚੱਲਦੇ। ਮਗੁ: ਪੋਲਾ ਬੋਲੋ। ਚੱਲੈ	Mannai Mag N Chalai Panthh ||	The faithful do not follow empty religious rituals.	ਉਹ ਫਿਰ (ਦੁਨੀਆਂ ਦੇ ਵੱਖੋ-ਵੱਖਰੇ ਮਜ਼ਹਬਾਂ ਦੇ ਦੱਸੇ) ਰਸਤਿਆਂ 'ਤੇ ਨਹੀਂ ਤੁਰਦਾ (ਭਾਵ, ਉਸ ਦੇ ਅੰਦਰ ਇਹ ਵਿਖੇਪਤਾ ਨਹੀਂ ਰਹਿੰਦੀ ਕਿ ਇਹ ਰਸਤਾ ਚੰਗਾ ਹੈ ਤੇ ਇਹ ਮੰਦਾ ਹੈ)।
100	3	ਮੰਨੈ ਧਰਮ ਸੇਤੀ ਸਨਬੰਧੁ॥		Mannai Dhharam Saethee Sanabandhh ||	The faithful are firmly bound to the Dharma.	ਉਸ ਮਨੁੱਖ ਦਾ ਧਰਮ ਨਾਲ (ਸਿੱਧਾ) ਜੋੜ ਬਣ ਜਾਂਦਾ ਹੈ।
101	3	ਐਸਾ ਨਾਮੁ ਨਿਰੰਜਨੁ ਹੋਇ॥		Aisaa Naam Niranjan Hoe ||	Such is the Name of the Immaculate Lord.	ਅਕਾਲ ਪੁਰਖ ਦਾ ਨਾਮ ਜੋ ਮਾਇਆ ਦੇ ਪ੍ਰਭਾਵ ਤੋਂ ਪਰ੍ਹੇ ਹੈ, ਏਡਾ (ਉੱਚਾ) ਹੈ, (ਕਿ ਇਸ ਵਿਚ ਜੁੜਨ ਵਾਲਾ ਭੀ ਉੱਚੀ ਆਤਮਕ ਅਵਸਥਾ ਵਾਲਾ ਹੋ ਜਾਂਦਾ ਹੈ, ਪਰ ਇਹ ਗੱਲ ਤਾਂ ਹੀ ਸਮਝ ਵਿਚ ਆਉਂਦੀ ਹੈ)
102	3	ਜੇ ਕੋ ਮੰਨਿ ਜਾਣੈ ਮਨਿ ਕੋਇ॥੧੪॥		Jae Ko Mann Jaanai Man Koe ||14||	Only one who has faith comes to know such a state of mind. ||14||	ਜੇ ਕੋਈ ਮਨੁੱਖ ਆਪਣੇ ਮਨ ਵਿਚ ਹਰਿ-ਨਾਮ ਦੀ ਲਗਨ ਪੈਦਾ ਕਰ ਲਏ ॥੧੪॥
103	3	ਮੰਨੈ ਪਾਵਹਿ ਮੋਖੁ ਦੁਆਰੁ॥	(ਮੋਖੁ) ਮੁਕਤੀ ਦਾ (ਦੁਆਰੁ) ਦਰਵਾਜ਼ਾ। (ਦੂਜਾ ਪਾਠਮੋਖੁਦੁਆਰੁ)	Mannai Paavehi Mokh Dhuaar ||	The faithful find the Door of Liberation.	ਜੇ ਮਨ ਵਿਚ ਪ੍ਰਭੂ ਦੇ ਨਾਮ ਦੀ ਲਗਨ ਲੱਗ ਜਾਏ, ਤਾਂ (ਮਨੁੱਖ) 'ਕੂੜ' ਤੋਂ ਖ਼ਲਾਸੀ ਪਾਣ ਦਾ ਰਾਹ ਲੱਭ ਲੈਂਦੇ ਹਨ।
104	3	ਮੰਨੈ ਪਰਵਾਰੈ ਸਾਧਾਰੁ॥		Mannai Paravaarai Saadhhaar ||	The faithful uplift and redeem their family and relations.	(ਇਹੋ ਜਿਹਾ ਮਨੁੱਖ) ਆਪਣੇ ਪਰਵਾਰ ਨੂੰ ਭੀ (ਅਕਾਲ ਪੁਰਖ ਦੀ) ਟੇਕ ਦ੍ਰਿੜ੍ਹ ਕਰਾਉਂਦਾ ਹੈ।

105	3	ਮੰਨੈ ਤਰੈ ਤਾਰੇ ਗੁਰੁਸਿਖ॥	ਗੁਰੁ ਜੀ, ਸਿੱਖ ਜੀ ਆਪ (ਤਰੈ) ਤਰਦੇ, ਹੋਰਨਾ ਨੂੰ (ਤਾਰੇ) ਤਾਰਦੇ ਹਨ। ਗੁਰੁ ਰਾਰੇ ਔਂਕੜ ਲਾਉ। (ਦੂਜਾ ਪਾਠਗੁਰੁ ਸਿਖ)	Mannai Tharai Thaarae Gur Sikh ||	The faithful are saved, and carried across with the Sikhs of the Guru.	ਨਾਮ ਵਿਚ ਮਨ ਪਤੀਜਣ ਕਰਕੇ ਹੀ, ਸਤਿਗੁਰੂ (ਭੀ ਆਪ ਸੰਸਾਰ-ਸਾਗਰ ਤੋਂ) ਪਾਰ ਲੰਘ ਜਾਂਦਾ ਹੈ ਤੇ ਸਿੱਖਾਂ ਨੂੰ ਪਾਰ ਲੰਘਾਉਂਦਾ ਹੈ।
106	3	ਮੰਨੈ ਨਾਨਕ ਭਵਹਿ ਨ ਭਿਖ॥	(ਭਵ-ਹਿ) ਭਟਕਦੇ। (ਭਿੱਖ) ਭਿੱਖਿਆ	Mannai Naanak Bhavehi N Bhikh ||	The faithful, O Nanak, do not wander around begging.	ਨਾਮ ਵਿਚ ਮਨ ਜੁੜਨ ਕਰ ਕੇ, ਹੇ ਨਾਨਕ! ਮਨੁੱਖ ਧਿਰ ਧਿਰ ਦੀ ਮੁਥਾਜੀ ਨਹੀਂ ਕਰਦੇ ਫਿਰਦੇ।
107	3	ਐਸਾ ਨਾਮੁ ਨਿਰੰਜਨੁ ਹੋਇ॥		Aisaa Naam Niranjan Hoe ||	Such is the Name of the Immaculate Lord.	ਅਕਾਲ ਪੁਰਖ ਦਾ ਨਾਮ, ਜੋ ਮਾਇਆ ਦੇ ਪਰਭਾਵ ਤੋਂ ਪਰੇ ਹੈ, ਏਡਾ (ਉੱਚਾ) ਹੈ (ਕਿ ਇਸ ਵਿਚ ਜੁੜਨ ਵਾਲਾ ਭੀ ਉੱਚੇ ਜੀਵਨ ਵਾਲਾ ਹੋ ਜਾਂਦਾ ਹੈ, ਪਰ ਇਹ ਗੱਲ ਤਾਂ ਹੀ ਸਮਝ ਵਿਚ ਆਉਂਦੀ ਹੈ),
108	3	ਜੇ ਕੋ ਮੰਨਿ ਜਾਣੈ ਮਨਿ ਕੋਇ॥੧੫॥		Jae Ko Mann Jaanai Man Koe ||15||	Only one who has faith comes to know such a state of mind. ||15||	ਜੇ ਕੋਈ ਮਨੁੱਖ ਆਪਣੇ ਮਨ ਵਿਚ ਹਰਿ-ਨਾਮ ਦੀ ਲਗਨ ਪੈਦਾ ਕਰੇ ॥੧੫॥
109	3	ਪੰਚ ਪਰਵਾਣ ਪੰਚ ਪਰਧਾਨੁ॥	(ਪੰਚ) ਪ੍ਰਕਾਸ਼ ਸਰੂਪ ਬ੍ਰਹਮ, ਮੁਖੀ, ਸੰਤ, ਪੰਜ। ਪਰ-ਵਾਣ, ਪਰ-ਧਾਨੁ: ਪੂਰੇ ਰਾਰੇ ਲਾਉ	Panch Paravaan Panch Paradhhaan ||	The chosen ones, the self-elect, are accepted and approved.	ਜਿਨ੍ਹਾਂ ਮਨੁੱਖਾਂ ਦੀ ਸੁਰਤ ਨਾਮ ਵਿਚ ਜੁੜੀ ਰਹਿੰਦੀ ਹੈ ਤੇ ਜਿਨ੍ਹਾਂ ਦੇ ਅੰਦਰ ਪ੍ਰਭੂ ਵਾਸਤੇ ਲਗਨ ਬਣ ਜਾਂਦੀ ਹੈ ਉਹੀ ਮਨੁੱਖ (ਇੱਥੇ ਜਗਤ ਵਿਚ) ਮੰਨੇ-ਪ੍ਰਮੰਨੇ ਰਹਿੰਦੇ ਹਨ ਅਤੇ ਸਭ ਦੇ ਆਗੂ ਹੁੰਦੇ ਹਨ।

110	3	ਪੰਚੇ ਪਾਵਹਿ ਦਰਗਹਿ ਮਾਨੁ॥		Panchae Paavehi Dharagehi Maan ||	The chosen ones are honored in the Court of the Lord.	ਅਕਾਲ ਪੁਰਖ ਦੀ ਦਰਗਾਹ ਵਿਚ ਭੀ ਉਹ ਪੰਚ ਜਨ ਹੀ ਆਦਰ ਪਾਂਦੇ ਹਨ।
111	3	ਪੰਚੇ ਸੋਹਹਿ ਦਰਿ ਰਾਜਾਨੁ॥	(ਰਾਜਾਨੁ) ਵਾਹਿਗੁਰੂ ਜੀ। ਸੋਹ–ਹਿ	Panchae Sohehi Dhar Raajaan ||	The chosen ones look beautiful in the courts of kings.	ਰਾਜ-ਦਰਬਾਰਾਂ ਵਿਚ ਭੀ ਉਹ ਪੰਚ ਜਨ ਹੀ ਸੋਭਦੇ ਹਨ।
112	3	ਪੰਚਾ ਕਾ ਗੁਰੁ ਏਕੁ ਧਿਆਨੁ॥		Panchaa Kaa Gur Eaek Dhhiaan ||	The chosen ones meditate single-mindedly on the Guru.	ਇਹਨਾਂ ਪੰਚ ਜਨਾਂ ਦੀ ਸੁਰਤ ਦਾ ਨਿਸ਼ਾਨਾ ਕੇਵਲ ਇਕ ਗੁਰੂ ਹੀ ਹੈ (ਭਾਵ, ਇਹਨਾਂ ਦੀ ਸੁਰਤ ਗੁਰ-ਸ਼ਬਦ ਵਿਚ ਹੀ ਰਹਿੰਦੀ ਹੈ, ਗੁਰ-ਸ਼ਬਦ ਵਿਚ ਜੁੜੇ ਰਹਿੰਦਾ ਹੀ ਇਹਨਾਂ ਦਾ ਅਸਲ ਨਿਸ਼ਾਨਾ ਹੈ)।
113	3	ਜੇ ਕੋ ਕਹੈ ਕਰੈ ਵੀਚਾਰੁ॥		Jae Ko Kehai Karai Veechaar ||	No matter how much anyone tries to explain and describe them,	ਭਾਵੇਂ ਕੋਈ ਕਥਨ ਕਰ ਵੇਖੇ ਤੇ ਵਿਚਾਰ ਕਰ ਲਏ,
114	3	ਕਰਤੇ ਕੈ ਕਰਣੈ ਨਾਹੀ ਸੁਮਾਰੁ॥	(ਸੁਮਾਰੁ) ਗਿਣਤੀ	Karathae Kai Karanai Naahee Sumaar ||	The actions of the Creator cannot be counted.	ਅਕਾਲ-ਪੁਰਖ ਦੀ ਕੁਦਰਤਿ ਦਾ ਕੋਈ ਲੇਖਾ ਹੀ ਨਹੀਂ (ਭਾਵ, ਅੰਤ ਨਹੀਂ ਪੈ ਸਕਦਾ) ਪਰ (ਗੁਰ-ਸ਼ਬਦ ਵਿਚ ਜੁੜੇ ਰਹਿਣ ਦਾ ਇਹ ਸਿੱਟਾ ਨਹੀਂ ਨਿਕਲ ਸਕਦਾ ਕਿ ਕੋਈ ਮਨੁੱਖ ਪ੍ਰਭੂ ਦੀ ਰਚੀ ਸਿਸ੍ਰਟੀ ਦਾ ਅੰਤ ਪਾ ਸਕੇ। ਪਰਮਾਤਮਾ ਤੇ ਉਸ ਦੀ ਕੁਦਰਤਿ ਦਾ ਅੰਤ ਲੱਭਣਾ ਮਨੁੱਖ ਦੀ ਜ਼ਿੰਦਗੀ ਦਾ ਮਨੋਰਥ ਹੋ ਹੀ ਨਹੀਂ ਸਕਦਾ)

115	3	ਧੌਲੁ ਧਰਮੁ ਦਇਆ ਕਾ ਪੂਤੁ॥	(ਧੌਲੁ) ਬਲਦ। ਧੌਲੁ: ਕਨੌੜੇ ਨਾਲ ਹੈ, ਹੋਰ ਥਾਈਂ ਧਉਲ ਹੈ। ਦ-ਇਆ: ਦੱਦਾ ਮੁਕਤਾ, ਦੱਦੇ ਸਿਹਾਰੀ ਨਹੀਂ ਬੋਲਣੀ	Dhhaal Dhharam Dhaeiaa Kaa Pooth ||	The mythical bull is Dharma, the son of compassion;	(ਅਕਾਲ ਪੁਰਖ ਦਾ) ਧਰਮ-ਰੂਪੀ ਬੱਛਵਾਂ ਨਿਯਮ ਹੀ ਬਲਦ ਹੈ (ਜੋ ਸ੍ਰਿਸ਼ਟੀ ਨੂੰ ਕਾਇਮ ਰੱਖ ਰਿਹਾ ਹੈ)। (ਇਹ ਧਰਮ) ਦਇਆ ਦਾ ਪੁੱਤਰ ਹੈ (ਭਾਵ, ਅਕਾਲ ਪੁਰਖ ਨੇ ਆਪਣੀ ਮਿਹਰ ਕਰ ਕੇ ਸ੍ਰਿਸ਼ਟੀ ਨੂੰ ਟਿਕਾ ਰੱਖਣ ਲਈ 'ਧਰਮ' ਰੂਪ ਨਿਯਮ ਬਣਾ ਦਿੱਤਾ ਹੈ)।
116	3	ਸੰਤੋਖੁ ਥਾਪਿ ਰਖਿਆ ਜਿਨਿ ਸੂਤਿ॥	(ਸੂਤਿ) ਸੂਤ, ਮਰਯਾਦਾ ਵਿੱਚ	Santhokh Thhaap Rakhiaa Jin Sooth ||	This is what patiently holds the earth in its place.	ਇਸ ਧਰਮ ਨੇ ਆਪਣੀ ਮਰਯਾਦਾ ਅਨੁਸਾਰ ਸੰਤੋਖੁ ਨੂੰ ਜਨਮ ਦੇ ਦਿੱਤਾ ਹੈ।
117	3	ਜੇ ਕੋ ਬੁਝੈ ਹੋਵੈ ਸਚਿਆਰੁ॥	ਬੁੱਝੈ, ਸੱਚਿਆਰੁ	Jae Ko Bujhai Hovai Sachiaar ||	One who understands this becomes truthful.	ਜੇ ਕੋਈ ਮਨੁੱਖ (ਇਸ ਉਪਰ-ਦੱਸੀ ਵਿਚਾਰ ਨੂੰ) ਸਮਝ ਲਏ, ਤਾਂ ਉਹ ਇਸ ਯੋਗ ਹੋ ਜਾਂਦਾ ਹੈ ਕਿ ਉਸ ਦੇ ਅੰਦਰ ਅਕਾਲ ਪੁਰਖ ਦਾ ਪਰਕਾਸ਼ ਹੋ ਜਾਏ।
118	3	ਧਵਲੈ ਉਪਰਿ ਕੇਤਾ ਭਾਰੁ॥	(ਧਵਲੈ) ਬਲਦ ਤੇ। ਉੱਪਰਿ	Dhhavalai Oupar Kaethaa Bhaar ||	What a great load there is on the bull!	(ਨਹੀਂ ਤਾਂ, ਖ਼ਿਆਲ ਤਾਂ ਕਰੋ ਕਿ) ਬਲਦ ਉੱਤੇ ਧਰਤੀ ਦਾ ਕਿਤਨਾ ਕੁ ਬੇਅੰਤ ਭਾਰ ਹੈ (ਉਹ ਵਿਚਾਰਾ ਇਤਨੇ ਭਾਰ ਨੂੰ ਚੁੱਕ ਕਿਵੇਂ ਸਕਦਾ ਹੈ?)

119	3	ਧਰਤੀ ਹੋਰੁ ਪਰੈ ਹੋਰੁ ਹੋਰੁ॥		Dhharathee Hor Parai Hor Hor ||	So many worlds beyond this world-so very many!	(ਦੂਜੀ ਵਿਚਾਰ ਹੋਰ ਹੈ ਕਿ ਜੇ ਧਰਤੀ ਦੇ ਹੇਠ ਬਲਦ ਹੈ, ਉਸ ਬਲਦ ਨੂੰ ਸਹਾਰਾ ਦੇਣ ਲਈ ਹੇਠ ਹੋਰ ਧਰਤੀ ਹੋਈ, ਉਸ) ਧਰਤੀ ਦੇ ਹੇਠਾਂ ਹੋਰ ਬਲਦ, ਉਸ ਤੋਂ ਹੇਠਾਂ (ਧਰਤੀ ਦੇ ਹੇਠ) ਹੋਰ ਬਲਦ, ਫੇਰ ਹੋਰ ਬਲਦ;
120	3	ਤਿਸ ਤੇ ਭਾਰੁ ਤਲੈ ਕਵਣੁ ਜੋਰੁ॥	(ਤਲੈ) ਹੇਠਾਂ, ਤਲੈਪੋਲਾ ਬੋਲੋ	This Thae Bhaar Thalai Kavan Jor ||	What power holds them, and supports their weight?	(ਇਸੇ ਤਰ੍ਹਾਂ ਅਖ਼ੀਰਲੇ) ਬਲਦ ਤੋਂ ਭਾਰ (ਸਹਾਰਨ ਲਈ ਉਸ ਦੇ) ਹੇਠ ਕਿਹੜਾ ਆਸਰਾ ਹੋਵੇਗਾ?
121	3	ਜੀਅ ਜਾਤਿ ਰੰਗਾ ਕੇ ਨਾਵ॥		Jeea Jaath Rangaa Kae Naav ||	The names and the colors of the assorted species of beings	(ਸ੍ਰਿਸ਼ਟੀ ਵਿਚ) ਕਈ ਜ਼ਾਤਾਂ ਦੇ, ਕਈ ਕਿਸਮਾਂ ਦੇ ਅਤੇ ਕਈ ਨਾਵਾਂ ਦੇ ਜੀਵ ਹਨ।
122	3	ਸਭਨਾ ਲਿਖਿਆ ਵੁੜੀ ਕਲਾਮ॥	(ਵੁੜੀ) ਚੱਲਦੀ	Sabhanaa Likhiaa Vurree Kalaam ||	Were all inscribed by the Ever-flowing Pen of God.	ਇਹਨਾਂ ਸਭਨਾਂ ਨੇ ਇਕ-ਤਾਰ ਚਲਦੀ ਕਲਮ ਨਾਲ (ਅਕਾਲ ਪੁਰਖ ਦੀ ਕੁਦਰਤ ਦਾ) ਲੇਖਾ ਲਿਖਿਆ ਹੈ।
123	3	ਏਹੁ ਲੇਖਾ ਲਿਖਿ ਜਾਣੈ ਕੋਇ॥	ਲਿਖਿ: ਪੋਲਾ ਬੋਲੋ ਤੇ ਖੱਖੇ ਸਿਹਾਰੀ ਲਾਉ	Eaehu Laekhaa Likh Jaanai Koe ||	Who knows how to write this account?	(ਪਰ) ਕੋਈ ਵਿਰਲਾ ਮਨੁੱਖ ਇਹ ਲੇਖਾ ਲਿਖਣਾ ਜਾਣਦਾ ਹੈ (ਭਾਵ, ਪਰਮਾਤਮਾ ਦੀ ਕੁਦਰਤ ਦਾ ਅੰਤ ਕੋਈ ਭੀ ਜੀਵ ਪਾ ਨਹੀਂ ਸਕਦਾ।
124	3	ਲੇਖਾ ਲਿਖਿਆ ਕੇਤਾ ਹੋਇ॥		Laekhaa Likhiaa Kaethaa Hoe ||	Just imagine what a huge scroll it would take!	(ਜੇ) ਲੇਖਾ ਲਿਖਿਆ (ਭੀ ਜਾਏ ਤਾਂ ਇਹ ਅੰਦਾਜ਼ਾ ਨਹੀਂ ਲੱਗ ਸਕਦਾ ਕਿ ਲੇਖਾ) ਕੇਡਾ ਵੱਡਾ ਹੋ ਜਾਏ।

125	3	ਕੇਤਾ ਤਾਣੁ ਸੁਆਲਿਹੁ ਰੂਪੁ॥	(ਸੁਆਲਿਹੁ) ਸੁੰਦਰ। ਸੁਆਲਿਹੁ: ਹਾਹੇ ਔਂਕੜ ਲੰਬਾ ਨ ਬੋਲੋ	Kaethaa Thaan Suaalihu Roop ||	What power! What fascinating beauty!	ਅਕਾਲ ਪੁਰਖ ਦਾ ਬੇਅੰਤ ਬਲ ਹੈ, ਬੇਅੰਤ ਸੁੰਦਰ ਰੂਪ ਹੈ,
126	3	ਕੇਤੀ ਦਾਤਿ ਜਾਣੈ ਕੌਣੁ ਕੂਤੁ॥	ਕੌਣੁ: ਕਨੌੜੇ ਨਾਲ ਹੈ, ਹੋਰ ਥਾਈਂ ਕਉਣ ਹੈ। (ਕੂਤੁ) ਅੰਦਾਜ਼ਾ	Kaethee Dhaath Jaanai Kaan Kooth ||	And what gifts! Who can know their extent?	ਬੇਅੰਤ ਉਸ ਦੀ ਦਾਤ ਹੈ। ਇਸ ਦਾ ਕੌਣ ਅੰਦਾਜ਼ਾ ਲਾ ਸਕਦਾ ਹੈ?
127	3	ਕੀਤਾ ਪਸਾਉ ਏਕੋ ਕਵਾਉ॥	(ਪਸਾਉ) ਪਸਾਰਾ। (ਕਵਾਉ) ਹੁਕਮ	Keethaa Pasaao Eaeko Kavaao ||	You created the vast expanse of the Universe with One Word!	(ਅਕਾਲ ਪੁਰਖ ਨੇ) ਆਪਣੇ ਹੁਕਮ ਨਾਲ ਸਾਰਾ ਸੰਸਾਰ ਬਣਾ ਦਿੱਤਾ,
128	3	ਤਿਸ ਤੇ ਹੋਏ ਲਖ ਦਰੀਆਉ ॥	(ਦਰੀਆਉ) ਦਰਿਆ, ਦ੍ਰਵੀਭੂਤ। ਦਰੀ-ਆਉ: ਬਿਹਾਰੀ ਦੱਬ ਕੇ ਬੋਲੋ। ਲੱਖ	This Thae Hoeae Lakh Dhareeaao ||	Hundreds of thousands of rivers began to flow.	ਉਸ ਹੁਕਮ ਨਾਲ (ਹੀ ਜ਼ਿੰਦਗੀ ਦੇ) ਲੱਖਾਂ ਦਰੀਆ ਬਣ ਗਏ।
129	3	ਕੁਦਰਤਿ ਕਵਣ ਕਹਾ ਵੀਚਾਰੁ॥	ਕੁਦ-ਰਤਿ: ਪੋਲਾ ਬੋਲੋ	Kudharath Kavan Kehaa Veechaar ||	How can Your Creative Potency be described?	(ਸੋ) ਮੇਰੀ ਕੀਹ ਤਾਕਤ ਹੈ ਕਿ (ਕਰਤਾਰ ਦੀ ਕੁਦਰਤਿ ਦੀ) ਵਿਚਾਰ ਕਰ ਸਕਾਂ?
130	3	ਵਾਰਿਆ ਨ ਜਾਵਾ ਏਕ ਵਾਰ॥		Vaariaa N Jaavaa Eaek Vaar ||	I cannot even once be a sacrifice to You.	(ਹੇ ਅਕਾਲ ਪੁਰਖ!) ਮੈਂ ਤਾਂ ਤੇਰੇ ਉੱਤੋਂ ਇਕ ਵਾਰੀ ਭੀ ਸਦਕੇ ਹੋਣ ਜੋਗਾ ਨਹੀਂ ਹਾਂ (ਭਾਵ, ਮੇਰੀ ਹਸਤੀ ਬਹੁਤ ਹੀ ਤੁੱਛ ਹੈ।)
131	3	ਜੋ ਤੁਧੁ ਭਾਵੈ ਸਾਈ ਭਲੀ ਕਾਰ॥	ਸਾਂਈਂ	Jo Thudhh Bhaavai Saaee Bhalee Kaar ||	Whatever pleases You is the only good done,	ਜੋ ਤੈਨੂੰ ਚੰਗਾ ਲੱਗਦਾ ਹੈ, ਉਹ ਕੰਮ ਭਲਾ ਹੈ (ਭਾਵ, ਤੇਰੀ ਰਜ਼ਾ ਵਿਚ ਰਹਿਣਾ ਹੀ ਠੀਕ ਹੈ)।

132	3	ਤੂ ਸਦਾ ਸਲਾਮਤਿ ਨਿਰੰਕਾਰ॥੧੬॥	(ਸਲਾ-ਮਤਿ) ਇਸਥਿੱਤ। ਤੂ:ਬਿਨਾ ਟਿੱਪੀ ਬੋਲੋ, ਜਿੱਥੇ ਭੀ ਆਵੇ	Thoo Sadhaa Salaamath Nirankaar ||16||	You, Eternal and Formless One! ||16||	ਹੇ ਨਿਰੰਕਾਰ! ਤੂੰ ਸਦਾ ਅਟੱਲ ਰਹਿਣ ਵਾਲਾ ਹੈਂ ॥੧੬॥
133	3	ਅਸੰਖ ਜਪ ਅਸੰਖ ਭਾਉ॥	(ਅਸੰਖ) ਅਣਗਿਣਤ। ਜਪ: ਪੋਲਾ ਬੋਲੋ	Asankh Jap Asankh Bhaao ||	Countless meditations, countless loves.	(ਅਕਾਲ ਪੁਰਖ ਦੀ ਰਚਨਾ ਵਿਚ) ਅਨਗਿਣਤ ਜੀਵ ਜਪ ਕਰਦੇ ਹਨ, ਬੇਅੰਤ ਜੀਵ (ਹੋਰਨਾਂ ਨਾਲ) ਪਿਆਰ (ਦਾ ਵਰਤਾਉ) ਕਰ ਰਹੇ ਹਨ।
134	3	ਅਸੰਖ ਪੂਜਾ ਅਸੰਖ ਤਪ ਤਾਉ॥	(ਤਾਉ) ਤਪਾਉਂਦੇ	Asankh Poojaa Asankh Thap Thaao ||	Countless worship services, countless austere disciplines.	ਕਈ ਜੀਵ ਪੂਜਾ ਕਰ ਰਹੇ ਹਨ ਅਤੇ ਅਨਗਿਣਤ ਹੀ ਜੀਵ ਤਪ ਸਾਧ ਰਹੇ ਹਨ।
135	3	ਅਸੰਖ ਗਰੰਥ ਮੁਖਿ ਵੇਦ ਪਾਠ॥		Asankh Garanthh Mukh Vaedh Paath ||	Countless scriptures, and ritual recitations of the Vedas.	ਬੇਅੰਤ ਜੀਵ ਵੇਦਾਂ ਅਤੇ ਹੋਰ ਧਾਰਮਿਕ ਪੁਸਤਕਾਂ ਦੇ ਪਾਠ ਮੂੰਹ ਨਾਲ ਕਰ ਰਹੇ ਹਨ।
136	3	ਅਸੰਖ ਜੋਗ ਮਨਿ ਰਹਹਿ ਉਦਾਸ॥	ਰਹ-ਹਿ	Asankh Jog Man Rehehi Oudhaas ||	Countless Yogis, whose minds remain detached from the world.	ਜੋਗ ਦੇ ਸਾਧਨ ਕਰਨ ਵਾਲੇ ਬੇਅੰਤ ਮਨੁੱਖ ਆਪਣੇ ਮਨ ਵਿਚ (ਮਾਇਆ ਵਲੋਂ) ਉਪਰਾਮ ਰਹਿੰਦੇ ਹਨ।
137	4	ਅਸੰਖ ਭਗਤ ਗੁਣ ਗਿਆਨ ਵੀਚਾਰ॥		Asankh Bhagath Gun Giaan Veechaar ||	Countless devotees contemplate the Wisdom and Virtues of the Lord.	(ਅਕਾਲ ਪੁਰਖ ਦੀ ਕੁਦਰਤਿ ਵਿਚ) ਅਣਗਿਣਤ ਭਗਤ ਹਨ, ਜੋ ਅਕਾਲ ਪੁਰਖ ਦੇ ਗੁਣਾਂ ਅਤੇ ਗਿਆਨ ਦੀ ਵਿਚਾਰ ਕਰ ਰਹੇ ਹਨ,
138	4	ਅਸੰਖ ਸਤੀ ਅਸੰਖ ਦਾਤਾਰ॥	(ਸਤੀ) ਸਤ ਰੱਖਣ ਵਾਲੇ। ਸਤੀ: ਪੋਲਤ ਬੋਲੋ।ਦਾਤਾਰ: ਦੱਦੇ ਕੰਨਾ ਲਾਉ	Asankh Sathee Asankh Dhaathaar ||	Countless the holy, countless the givers.	ਅਨੇਕਾਂ ਹੀ ਦਾਨੀ ਤੇ ਦਾਤੇ ਹਨ।

139	4	ਅਸੰਖ ਸੂਰ ਮੁਹ ਭਖ ਸਾਰ॥	(ਸੂਰ) ਸੂਰਮੇ। (ਭੱਖ) ਖਾਂਦੇ ਹਨ।(ਸਾਰ) ਲੋਹਾ। ਮੁਹ: ਔਂਕੜ ਲੰਬਾ ਨਹੀਂ ਬੋਲਣਾ	Asankh Soor Muh Bhakh Saar ||	Countless heroic spiritual warriors, who bear the brunt of the attack in battle (who with their mouths eat steel).	(ਅਕਾਲ ਪੁਰਖ ਦੀ ਰਚਨਾ ਵਿਚ) ਬੇਅੰਤ ਸੂਰਮੇ ਹਨ ਜੋ ਆਪਣੇ ਮੂੰਹਾਂ ਉੱਤੇ (ਭਾਵ ਸਨਮੁਖ ਹੋ ਕੇ) ਸ਼ਾਸਤ੍ਰਾਂ ਦੇ ਵਾਰ ਸਹਿੰਦੇ ਹਨ।
140	4	ਅਸੰਖ ਮੋਨਿ ਲਿਵ ਲਾਇ ਤਾਰ॥	(ਤਾਰ) ਇੱਕ ਰਸ	Asankh Mon Liv Laae Thaar ||	Countless silent sages, vibrating the String of His Love.	ਅਨੇਕਾਂ ਮੋਨੀ ਹਨ, ਜੋ ਇਕ-ਰਸ ਬ੍ਰਿਤੀ ਜੋੜ ਕੇ ਬੈਠ ਰਹੇ ਹਨ।
141	4	ਕੁਦਰਤਿ ਕਵਣ ਕਹਾ ਵੀਚਾਰੁ॥		Kudharath Kavan Kehaa Veechaar ||	How can Your Creative Potency be described?	ਮੇਰੀ ਕੀਹ ਤਾਕਤ ਹੈ ਕਿ ਕਰਤਾਰ ਦੀ ਕੁਦਰਤਿ ਦੀ ਵਿਚਾਰ ਕਰ ਸਕਾਂ।
142	4	ਵਾਰਿਆ ਨ ਜਾਵਾ ਏਕ ਵਾਰ॥		Vaariaa N Jaavaa Eaek Vaar ||	I cannot even once be a sacrifice to You.	(ਹੇ ਅਕਾਲ ਪੁਰਖ!) ਮੈਂ ਤਾਂ ਤੇਰੇ ਉੱਤੋਂ ਇਕ ਵਾਰੀ ਭੀ ਸਦਕੇ ਹੋਣ ਜੋਗਾ ਨਹੀਂ ਹਾਂ (ਭਾਵ, ਮੇਰੀ ਹਸਤੀ ਬਹੁਤ ਹੀ ਤੁੱਛ ਹੈ।)
143	4	ਜੋ ਤੁਧੁ ਭਾਵੈ ਸਾਈ ਭਲੀ ਕਾਰ॥	ਸਾਂਈਂ	Jo Thudhh Bhaavai Saaee Bhalee Kaar ||	Whatever pleases You is the only good done,	ਜੋ ਤੈਨੂੰ ਚੰਗਾ ਲਗਦਾ ਹੈ ਉਹੀ ਕੰਮ ਭਲਾ ਹੈ (ਭਾਵ, ਤੇਰੀ ਰਜ਼ਾ ਵਿਚ ਰਹਿਣਾ ਹੀ ਠੀਕ ਹੈ)।
144	4	ਤੂ ਸਦਾ ਸਲਾਮਤਿ ਨਿਰੰਕਾਰ॥੧੭॥		Thoo Sadhaa Salaamath Nirankaar ||17||	You, Eternal and Formless One. ||17||	ਹੇ ਨਿਰੰਕਾਰ! ਤੂੰ ਸਦਾ ਅਟੱਲ ਰਹਿਣ ਵਾਲਾ ਹੈਂ ॥੧੭॥
145	4	ਅਸੰਖ ਮੂਰਖ ਅੰਧ ਘੋਰ॥		Asankh Moorakh Andhh Ghor ||	Countless fools, blinded by ignorance.	(ਨਿਰੰਕਾਰ ਦੀ ਰਚੀ ਹੋਈ ਸ੍ਰਿਸ਼ਟੀ ਵਿਚ) ਅਨੇਕਾਂ ਹੀ ਮਹਾਂ ਮੂਰਖ ਹਨ,

146	4	ਅਸੰਖ ਚੋਰ ਹਰਾਮਖੋਰ॥	(ਹਰਾਮ-ਖੋਰ) ਹਰਾਮ, ਪਰਾਇਆ ਹੱਕ ਖਾਣ ਵਾਲੇ	Asankh Chor Haraamakhor ||	Countless thieves and embezzlers.	ਅਨੇਕਾਂ ਹੀ ਚੋਰ ਹਨ, ਜੋ ਪਰਾਇਆ ਮਾਲ (ਚੁਰਾ ਚੁਰਾ ਕੇ) ਵਰਤ ਰਹੇ ਹਨ
147	4	ਅਸੰਖ ਅਮਰ ਕਰਿ ਜਾਹਿ ਜੋਰ॥	(ਅਮਰ) ਹੁਕਮ। (ਜੋਰ) ਧੱਕਾ	Asankh Amar Kar Jaahi Jor ||	Countless impose their will by force.	ਅਤੇ ਅਨੇਕਾਂ ਹੀ ਇਹੋ ਜਿਹੇ ਮਨੁੱਖ ਹਨ, ਜੋ (ਦੂਜਿਆਂ ਉੱਤੇ) ਹੁਕਮ ਤੇ ਵਧੀਕੀਆਂ ਕਰ ਕਰ ਕੇ (ਅੰਤ ਨੂੰ ਇਸ ਸੰਸਾਰ ਤੋਂ) ਚਲੇ ਜਾਂਦੇ ਹਨ।
148	4	ਅਸੰਖ ਗਲ ਵਢ ਹਤਿਆ ਕਮਾਹਿ॥	ਗਲ: ਪੋਲਾ ਬੋਲੋ। ਵੱਢ। ਹੱਤਿਆ।	Asankh Galavadt Hathiaa Kamaahi ||	Countless cut-throats and ruthless killers.	ਅਨੇਕਾਂ ਹੀ ਖ਼ੂਨੀ ਮਨੁੱਖ ਲੋਕਾਂ ਦੇ ਗਲ ਵੱਢ ਰਹੇ ਹਨ
149	4	ਅਸੰਖ ਪਾਪੀ ਪਾਪੁ ਕਰਿ ਜਾਹਿ॥		Asankh Paapee Paap Kar Jaahi ||	Countless sinners who keep on sinning.	ਅਤੇ ਅਨੇਕਾਂ ਹੀ ਪਾਪੀ ਮਨੁੱਖ ਪਾਪ ਕਮਾ ਕੇ (ਆਖ਼ਰ) ਇਸ ਦੁਨੀਆ ਤੋਂ ਤੁਰ ਜਾਂਦੇ ਹਨ।
150	4	ਅਸੰਖ ਕੂੜਿਆਰ ਕੂੜੇ ਫਿਰਾਹਿ॥		Asankh Koorriaar Koorrae Firaahi ||	Countless liars, wandering lost in their lies.	ਅਨੇਕਾਂ ਹੀ ਝੂਠ ਬੋਲਣ ਦੇ ਸੁਭਾਉ ਵਾਲੇ ਮਨੁੱਖ ਝੂਠ ਵਿਚ ਹੀ ਰੁੱਝੇ ਪਏ ਹਨ
151	4	ਅਸੰਖ ਮਲੇਛ ਮਲੁ ਭਖਿ ਖਾਹਿ॥	(ਮਲੇਛ) ਖੋਟੀ ਮੱਤ ਵਾਲੇ। ਮਲੁ: ਪੋਲਾ ਬੋਲੋ। ਭੱਖਿ	Asankh Malaeshh Mal Bhakh Khaahi ||	Countless wretches, eating filth as their ration.	ਅਤੇ ਅਨੇਕਾਂ ਹੀ ਖੋਟੀ ਬੁੱਧੀ ਵਾਲੇ ਮਨੁੱਖ ਮਲ (ਭਾਵ, ਅਖਾਜ) ਹੀ ਖਾਈ ਜਾ ਰਹੇ ਹਨ।
152	4	ਅਸੰਖ ਨਿੰਦਕ ਸਿਰਿ ਕਰਹਿ ਭਾਰੁ॥	ਸਿਰਿ: ਰਾਰੇ ਸਿਹਾਰੀ ਬੋਲੋ	Asankh Nindhak Sir Karehi Bhaar ||	Countless slanderers, carrying the weight of their stupid mistakes on their heads.	ਅਨੇਕਾਂ ਹੀ ਨਿਦੰਕ (ਨਿੰਦਾ ਕਰ ਕੇ) ਆਪਣੇ ਸਿਰ ਉੱਤੇ (ਨਿੰਦਿਆ ਦਾ) ਭਾਰ ਚੁੱਕ ਰਹੇ ਹਨ।

153	4	ਨਾਨਕੁ ਨੀਚੁ ਕਹੈ ਵੀਚਾਰੁ॥		Naanak Neech Kehai Veechaar ||	Nanak describes the state of the lowly.	(ਹੇ ਨਿਰੰਕਾਰ! ਅਨੇਕਾਂ ਹੋਰ ਜੀਵ ਕਈ ਹੋਰ ਕੁਕਰਮਾਂ ਵਿਚ ਫਸੇ ਹੋਣਗੇ, ਮੇਰੀ ਕੀਹ ਤਾਕਤ ਹੈ ਕਿ ਤੇਰੀ ਕੁਦਰਤਿ ਦੀ ਪੂਰਨ ਵਿਚਾਰ ਕਰ ਸਕਾਂ?ਨਾਨਕ ਵਿਚਾਰਾ (ਤਾਂ) ਇਹ (ਉਪਰਲੀ ਤੁੱਛ ਜਿਹੀ) ਵਿਚਾਰ ਪੇਸ਼ ਕਰਦਾ ਹੈ।
154	4	ਵਾਰਿਆ ਨ ਜਾਵਾ ਏਕ ਵਾਰ॥		Vaariaa N Jaavaa Eaek Vaar ||	I cannot even once be a sacrifice to You.	(ਹੇ ਅਕਾਲ ਪੁਰਖ!) ਮੈਂ ਤਾਂ ਤੇਰੇ ਉੱਤੇਂ ਇਕ ਵਾਰੀ ਭੀ ਸਦਕੇ ਹੋਣ ਜੋਗਾ ਨਹੀਂ ਹਾਂ (ਭਾਵ, ਮੈਂ ਤੇਰੀ ਬੇਅੰਤ ਕੁਦਰਤਿ ਦੀ ਪੂਰਨ ਵਿਚਾਰ ਕਰਨ ਜੋਗਾ ਨਹੀਂ ਹਾਂ)।
155	4	ਜੋ ਤੁਧੁ ਭਾਵੈ ਸਾਈ ਭਲੀ ਕਾਰ॥		Jo Thudhh Bhaavai Saaee Bhalee Kaar ||	Whatever pleases You is the only good done,	ਜੋ ਤੈਨੂੰ ਚੰਗਾ ਲੱਗਦਾ ਹੈ, ਉਹੀ ਕੰਮ ਭਲਾ ਹੈ (ਭਾਵ, ਤੇਰੀ ਰਜ਼ਾ ਵਿਚ ਹੀ ਰਹਿਣਾ ਠੀਕ ਹੈ। ਤੇਰੀ ਸਿਫ਼ਤ-ਸਾਲਾਹ ਕਰ ਕੇ ਅਸਾਂ ਜੀਵਾਂ ਲਈ ਇਹੀ ਭਲੀ ਗੱਲ ਹੈ ਕਿ ਤੇਰੀ ਰਜ਼ਾ ਵਿਚ ਰਹੀਏ)।
156	4	ਤੂ ਸਦਾ ਸਲਾਮਤਿ ਨਿਰੰਕਾਰ॥੧੮॥		Thoo Sadhaa Salaamath Nirankaar ||18||	You, Eternal and Formless One. ||18||	ਹੇ ਨਿਰੰਕਾਰ! ਤੂੰ ਸਦਾ-ਥਿਰ ਰਹਿਣ ਵਾਲਾ ਹੈਂ ॥੧੮॥

157	4	ਅਸੰਖ ਨਾਵ ਅਸੰਖ ਥਾਵ॥	(ਅਸੰਖ) ਅਣਗਿਣਤ	Asankh Naav Asankh Thhaav ||	Countless names, countless places.	(ਕੁਦਰਤਿ ਦੇ ਅਨੇਕ ਜੀਵਾਂ ਤੇ ਹੋਰ ਬੇਅੰਤ ਪਦਾਰਥਾਂ ਦੇ) ਅਸੰਖਾਂ ਹੀ ਨਾਮ ਹਨ ਤੇ ਅਸੰਖਾਂ ਹੀ (ਉਹਨਾਂ ਦੇ) ਥਾਂ ਟਿਕਾਣੇ ਹਨ।
158	4	ਅਗੰਮ ਅਗੰਮ ਅਸੰਖ ਲੋਅ॥	(ਅ-ਗੰਮ) ਬੁੱਧੀ ਦੀ ਪਹੁੰਚ ਤੋਂ ਰਹਿਤ।ਲੋਅ: ਲੱਲੇ ਹੋੜਾ ਹੋਰ ਲੰਬਾ ਕਰਨ ਨਾਲ, ਐੜਾ ਬੋਲ ਜਾਂਦਾ ਹੈ	Aganm Aganm Asankh Loa ||	Inaccessible, unapproachable, countless celestial realms.	(ਕੁਦਰਤਿ ਵਿਚ) ਅਸੰਖਾਂ ਹੀ ਭਵਣ ਹਨ ਜਿਨ੍ਹਾਂ ਤਕ ਮਨੁੱਖ ਦੀ ਪਹੁੰਚ ਹੀ ਨਹੀਂ ਹੋ ਸਕਦੀ।
159	4	ਅਸੰਖ ਕਹਹਿ ਸਿਰਿ ਭਾਰੁ ਹੋਇ॥	ਕਹ-ਹਿ: ਕਹ ਮੁਕਤਾ ਬੋਲ ਕੇ ਹਾਹੇ ਸਿਹਾਰੀ ਲਾਉ। ਸਿਰਿ ਭਾਰੁ ਹੋਸਿ: ਭਾਵ ਪੁੱਠੇ ਲਮਕ ਕੇ ਵਾ ਸਿਰਿ ਦੇ ਭਾਰੁ ਭਾਵ ਅਤੀ ਹੀ ਨਿਮ੍ਰਤਾ ਸਤਿਕਾਰ ਸਹਿਤ ਹੋ ਕੇ।	Asankh Kehehi Sir Bhaar Hoe ||	Even to call them countless is to carry the weight on your head.	(ਪਰ ਜੋ ਮਨੁੱਖ ਕੁਦਰਤਿ ਦਾ ਲੇਖਾ ਕਰਨ ਵਾਸਤੇ ਸ਼ਬਦ) 'ਅਸੰਖ' (ਭੀ) ਆਖਦੇ ਹਨ, (ਉਹਨਾਂ ਦੇ) ਸਿਰ ਉੱਤੇ ਭੀ ਭਾਰ ਹੁੰਦਾ ਹੈ (ਭਾਵ, ਉਹ ਭੀ ਭੁੱਲ ਕਰਦੇ ਹਨ, 'ਅਸੰਖ' ਸ਼ਬਦ ਭੀ ਕਾਫੀ ਨਹੀਂ ਹੈ)।
160	4	ਅਖਰੀ ਨਾਮੁ ਅਖਰੀ ਸਾਲਾਹ॥	ਅੱਖਰੀ।(ਸਾਲਾਹ) ਜਿਵੇਂ ਕੀਰਤਨ ਚ ਇਕੱਠੇ ਬੋਲਦੇ ਹਨ। ਸਾਲਾਹ ਸੱਸੇ ਕੰਨਾ ਲਾਉ।	Akharee Naam Akharee Saalaah ||	From the Word, comes the Naam; from the Word, comes Your Praise.	(ਭਾਵੇਂ ਅਕਾਲ ਪੁਰਖ ਦੀ ਕੁਦਰਤਿ ਦਾ ਲੇਖਾ ਲਫ਼ਜ਼ 'ਅਸੰਖ' ਤਾਂ ਕਿਤੇ ਰਿਹਾ, ਕੋਈ ਭੀ ਸ਼ਬਦ ਕਾਫ਼ੀ ਨਹੀਂ ਹੈ, ਪਰ) ਅਕਾਲ ਪੁਰਖ ਦਾ ਨਾਮ ਭੀ ਅੱਖਰਾਂ ਦੀ ਰਾਹੀਂ ਹੀ (ਲਿਆ ਜਾ ਸਕਦਾ ਹੈ), ਉਸ ਦੀ ਸਿਫ਼ਿਤ-ਸਾਲਾਹ ਭੀ ਅੱਖਰਾਂ ਦੀ ਰਾਹੀਂ ਹੀ ਕੀਤੀ ਜਾ ਸਕਦੀ ਹੈ।

161	4	ਅਖਰੀ ਗਿਆਨੁ ਗੀਤ ਗੁਣ ਗਾਹ॥	(ਗੀਤ) ਜਸ, ਕੀਰਤਨ। (ਗਾਹ) ਅਸਥਾਨ	Akharee Giaan Geeth Gun Gaah ||	From the Word, comes spiritual wisdom, singing the Songs of Your Glory.	ਅਕਾਲ ਪੁਰਖ ਦਾ ਗਿਆਨ ਭੀ ਅੱਖਰਾਂ ਦੀ ਰਾਹੀਂ ਹੀ (ਵਿਚਾਰਿਆ ਜਾ ਸਕਦਾ ਹੈ)। ਅੱਖਰਾਂ ਦੀ ਰਾਹੀਂ ਹੀ ਉਸਦੇ ਗੀਤ ਅਤੇ ਗੁਣਾਂ ਦਾ ਵਾਕਫ਼ ਹੋ ਸਕੀਦਾ ਹੈ।
162	4	ਅਖਰੀ ਲਿਖਣੁ ਬੋਲਣੁ ਬਾਣਿ॥	ਲਿਖਣੁ: ਪੋਲਾ ਬੋਲੋ। ਲਿਖਣੁ, ਬੋਲਣੁ:ਣਾਇਆਂ ਔਂਕੜ ਲਾਉ	Akharee Likhan Bolan Baan ||	From the Word, come the written and spoken words and hymns.	ਬੋਲੀ ਦਾ ਲਿਖਣਾ ਤੇ ਬੋਲਣਾ ਭੀ ਅੱਖਰਾਂ ਦੀ ਰਾਹੀਂ ਹੀ ਦੱਸਿਆ ਜਾ ਸਕਦਾ ਹੈ। (ਇਸ ਕਰਕੇ ਸ਼ਬਦ 'ਅਸੰਖ' ਵਰਤਿਆ ਗਿਆ ਹੈ।)
163	4	ਅਖਰਾ ਸਿਰਿ ਸੰਜੋਗੁ ਵਖਾਣਿ॥	ਅੱਖਰਾਂ	Akharaa Sir Sanjog Vakhaan ||	From the Word, comes destiny, written on one's forehead.	(ਅੱਖਰਾਂ ਰਾਹੀਂ ਹੀ ਭਾਗਾਂ ਦਾ ਸੰਜੋਗ ਵਖਿਆਨ ਕੀਤਾ ਜਾ ਸਕਦਾ ਹੈ)
164	4	ਜਿਨਿ ਏਹਿ ਲਿਖੇ ਤਿਸੁ ਸਿਰਿ ਨਾਹਿ॥	ਏਹਿ: ਈੜੀ ਲਾਂ ਲੰਬੀ ਬੋਲ ਕੇ, ਹਾਹੇ ਸਿਹਾਰੀ ਸੰਕੋਚ ਕੇ ਬੋਲੋ	Jin Eaehi Likhae This Sir Naahi ||	But the One who wrote these Words of Destiny-no words are written on His Forehead.	(ਉਂਝ) ਜਿਸ ਅਕਾਲ ਪੁਰਖ ਨੇ (ਜੀਵਾਂ ਦੇ ਸੰਜੋਗ ਦੇ) ਇਹ ਅੱਖਰ ਲਿਖੇ ਹਨ, ਉਸ ਦੇ ਸਿਰ ਉੱਤੇ ਕੋਈ ਲੇਖ ਕਹੀਂ ਹੈ (ਭਾਵ, ਕੋਈ ਮਨੁੱਖ ਉਸ ਅਕਾਲ ਪੁਰਖ ਦਾ ਲੇਖਾ ਨਹੀਂ ਕਰ ਸਕਦਾ)।
165	4	ਜਿਵ ਫੁਰਮਾਏ ਤਿਵ ਤਿਵ ਪਾਹਿ॥		Jiv Furamaaeae Thiv Thiv Paahi ||	As He ordains, so do we receive.	ਜਿਸ ਜਿਸ ਤਰ੍ਹਾਂ ਉਹ ਅਕਾਲ ਪੁਰਖ ਹੁਕਮ ਕਰਦਾ ਹੈ ਉਸੇ ਤਰ੍ਹਾਂ (ਜੀਵ ਆਪਣੇ ਸੰਜੋਗ) ਭੋਗਦੇ ਹਨ।

166	4	ਜੇਤਾ ਕੀਤਾ ਤੇਤਾ ਨਾਉ॥		Jaethaa Keethaa Thaethaa Naao ||	The created universe is the manifestation of Your Name.	ਇਹ ਸਾਰਾ ਸੰਸਾਰ, ਜੋ ਅਕਾਲ ਪੁਰਖ ਨੇ ਬਣਾਇਆ ਹੈ, ਇਹ ਉਸ ਦਾ ਸਰੂਪ ਹੈ ('ਇਹੁ ਵਿਸੁ ਸੰਸਾਰੁ ਤੁਮ ਦੇਖਦੇ, ਇਹੁ ਹਰਿ ਕਾ ਰੂਪੁ ਹੈ, ਹਰਿ ਰੂਪੁ ਨਦਰੀ ਆਇਆ')।
167	4	ਵਿਣੁ ਨਾਵੈ ਨਾਹੀ ਕੋ ਥਾਉ॥		Vin Naavai Naahee Ko Thhaao ||	Without Your Name, there is no place at all.	ਕੋਈ ਥਾਂ ਅਕਾਲ ਪੁਰਖ ਦੇ ਸਰੂਪ ਤੋਂ ਖ਼ਾਲੀ ਨਹੀਂ ਹੈ, (ਭਾਵ, ਜਿਹੜੀ ਥਾਂ ਜਾਂ ਪਦਾਰਥ ਵੇਖੀਏ ਉਹੀ ਅਕਾਲ ਪੁਰਖ ਦਾ ਸਰੂਪ ਦਿੱਸਦਾ ਹੈ, ਸ੍ਰਿਸ਼ਟੀ ਦਾ ਜ਼ੱਰਾ ਜ਼ੱਰਾ ਅਕਾਲ ਪੁਰਖ ਦਾ ਸਰੂਪ ਹੈ)।
168	4	ਕੁਦਰਤਿ ਕਵਣ ਕਹਾ ਵੀਚਾਰੁ॥		Kudharath Kavan Kehaa Veechaar ||	How can I describe Your Creative Power?	ਮੇਰੀ ਕੀਹ ਤਾਕਤ ਹੈ ਕਿ ਕਰਤਾਰ ਦੀ ਕੁਦਰਤਿ ਦੀ ਵੀਚਾਰ ਕਰ ਸਕਾਂ?
169	4	ਵਾਰਿਆ ਨ ਜਾਵਾ ਏਕ ਵਾਰ॥		Vaariaa N Jaavaa Eaek Vaar ||	I cannot even once be a sacrifice to You.	(ਹੇ ਅਕਾਲ ਪੁਰਖ!) ਮੈਂ ਤਾਂ ਤੇਰੇ ਉਤੋਂ ਇਕ ਵਾਰੀ ਭੀ ਸਦਕੇ ਹੋਣ ਜੋਗਾ ਨਹੀਂ ਹਾਂ (ਭਾਵ, ਮੇਰੀ ਹਸਤੀ ਬਹੁਤ ਹੀ ਤੁੱਛ ਹੈ)।
170	4	ਜੋ ਤੁਧੁ ਭਾਵੈ ਸਾਈ ਭਲੀ ਕਾਰ॥		Jo Thudhh Bhaavai Saaee Bhalee Kaar ||	Whatever pleases You is the only good done,	ਜੋ ਤੈਨੂੰ ਚੰਗਾ ਲੱਗਦਾ ਹੈ, ਉਹੀ ਕੰਮ ਭਲਾ ਹੈ, (ਭਾਵ, ਤੇਰੀ ਰਜ਼ਾ ਵਿਚ ਰਹਿਣਾ ਹੀ ਅਸਾਂ ਜੀਵਾਂ ਲਈ ਭਲੀ ਗੱਲ ਹੈ)।

171	4	ਤੂ ਸਦਾ ਸਲਾਮਤਿ ਨਿਰੰਕਾਰ॥੧੯॥		Thoo Sadhaa Salaamath Nirankaar ||19||	You, Eternal and Formless One. ||19||	ਹੇ ਨਿਰੰਕਾਰ! ਤੂੰ ਸਦਾ ਥਿਰ ਰਹਿਣ ਵਾਲਾ ਹੈਂ ॥੧੯॥
172	4	ਭਰੀਐ ਹਥੁ ਪੈਰੁ ਤਨੁ ਦੇਹ॥		Bhareeai Hathh Pair Than Dhaeh ||	When the hands and the feet and the body are dirty,	ਜੇ ਹੱਥ ਜਾਂ ਪੈਰ ਜਾਂ ਸਰੀਰ ਲਿੱਬੜ ਜਾਏ,
173	4	ਪਾਣੀ ਧੋਤੈ ਉਤਰ ਸੁ ਖੇਹ॥	(ਦੂਜਾ ਪਾਠ: ਉਤਰਸੁ)	Paanee Dhhothai Outharas Khaeh ||	Water can wash away the dirt.	ਤਾਂ ਪਾਣੀ ਨਾਲ ਧੋਤਿਆਂ ਉਹ ਮੈਲ ਉਤਰ ਜਾਂਦੀ ਹੈ।
174	4	ਮੂਤ ਪਲੀਤੀ ਕਪੜੁ ਹੋਇ॥	(ਪਲੀਤੀ) ਗੰਦਾ। ਕੱਪੜੁ	Mooth Paleethee Kaparr Hoe ||	When the clothes are soiled and stained by urine,	ਜੇ (ਕੋਈ) ਕੱਪੜਾ ਮੂਤਰ ਨਾਲ ਗੰਦਾ ਹੋ ਜਾਏ,
175	4	ਦੇ ਸਾਬੂਣੁ ਲਈਐ ਓਹੁ ਧੋਇ॥	ਸਾਬੂਣੁ: ਬੱਬੇ ਦੁਲੈਂਕੜ ਲੰਬੇ ਲਾ ਕੇ, ਣਾਣੇ ਔਂਕੜ ਲਾਉ	Dhae Saaboon Leeai Ouhu Dhhoe ||	Soap can wash them clean.	ਤਾਂ ਸਾਬੁਣ ਲਾ ਕੇ ਉਸ ਨੂੰ ਧੋ ਲਈਦਾ ਹੈ।
176	4	ਭਰੀਐ ਮਤਿ ਪਾਪਾ ਕੈ ਸੰਗਿ॥	ਪੱਪਾਂ	Bhareeai Math Paapaa Kai Sang ||	But when the intellect is stained and polluted by sin,	(ਪਰ) ਜੇ (ਮਨੁੱਖ ਦੀ) ਬੁੱਧੀ ਪਾਪਾਂ ਨਾਲ ਮਲੀਨ ਹੋ ਜਾਏ,
177	4	ਓਹੁ ਧੋਪੈ ਨਾਵੈ ਕੈ ਰੰਗਿ॥	ਓਹੁ: ਹੋੜਾ ਲੰਬਾ ਬੋਲ ਕੇ, ਹਾਹੇ ਔਂਕੜ ਲਾਉ	Ouhu Dhhopai Naavai Kai Rang ||	It can only be cleansed by the Love of the Name.	ਤਾਂ ਉਹ ਪਾਪ ਅਕਾਲ ਪੁਰਖ ਦੇ ਨਾਮ ਵਿਚ ਪਿਆਰ ਕਰਨ ਨਾਲ ਹੀ ਧੋਇਆ ਜਾ ਸਕਦਾ ਹੈ।
178	4	ਪੁੰਨੀ ਪਾਪੀ ਆਖਣੁ ਨਾਹਿ॥		Punnee Paapee Aakhan Naahi ||	Virtue and vice do not come by mere words;	ਹੇ ਨਾਨਕ! 'ਪੁੰਨੀ' ਜਾਂ 'ਪਾਪ' ਨਿਰਾ ਨਾਮ ਹੀ ਨਹੀਂ ਹੈ (ਭਾਵ, ਨਿਰਾ ਕਹਿਣ-ਮਾਤਰ ਨਹੀਂ ਹੈ, ਸੱਚ-ਮੁੱਚ ਹੀ)

179	4	ਕਰਿ ਕਰਿ ਕਰਣਾ ਲਿਖਿ ਲੈ ਜਾਹੁ॥		Kar Kar Karanaa Likh Lai Jaahu ||	Actions repeated, over and over again, are engraved on the soul.	ਤੂੰ ਜਿਹੋ ਜਿਹੇ ਕਰਮ ਕਰੇਂਗਾ ਤਿਹੋ ਜਿਹੇ ਸੰਸਕਾਰ ਆਪਣੇ ਅੰਦਰ ਉੱਕਰ ਕੇ ਨਾਲ ਲੈ ਜਾਹਿੰਗਾ।
180	4	ਆਪੇ ਬੀਜਿ ਆਪੇ ਹੀ ਖਾਹੁ॥		Aapae Beej Aapae Hee Khaahu ||	You shall harvest what you plant.	ਜੋ ਕੁਝ ਤੂੰ ਬੀਜੇਂਗਾ, ਉਸ ਦਾ ਫਲ ਆਪ ਹੀ ਖਾਹਿੰਗਾ।
181	4	ਨਾਨਕ ਹੁਕਮੀ ਆਵਹੁ ਜਾਹੁ॥੨੦॥		Naanak Hukamee Aavahu Jaahu ||20||	O Nanak, by the Hukam of God's Command, we come and go in reincarnation. ||20||	(ਆਪਣੇ ਬੀਜੇ ਅਨੁਸਾਰ) ਅਕਾਲ ਪੁਰਖ ਦੇ ਹੁਕਮ ਵਿਚ ਜਨਮ ਮਰਨ ਦੇ ਗੇੜ ਵਿਚ ਪਿਆ ਰਹੇਂਗਾ ॥੨੦॥
182	4	ਤੀਰਥੁ ਤਪੁ ਦਇਆ ਦਤੁ ਦਾਨੁ॥	(ਦਤੁ) ਦਿੱਤਾ। ਤਪੁ, ਦਤੁ ਪੋਲੇ ਬੋਲੋ	Theerathh Thap Dhaeiaa Dhath Dhaan ||	Pilgrimages, austere discipline, compassion and charity	ਤੀਰਥ ਜਾਤ੍ਰਾ, ਤਪਾਂ ਦੀ ਸਾਧਨਾ, (ਜੀਆਂ ਤੇ) ਦਇਆ ਕਰਨੀ, ਦਿੱਤਾ ਹੋਇਆ ਦਾਨ (ਇਹਨਾਂ ਕਰਮਾਂ ਦੇ ਵੱਟੇ);
183	4	ਜੇ ਕੋ ਪਾਵੈ ਤਿਲ ਕਾ ਮਾਨੁ॥		Jae Ko Paavai Thil Kaa Maan ||	These, by themselves, bring only an iota of merit.	ਜੇ ਕਿਸੇ ਮਨੁੱਖ ਨੂੰ ਕੋਈ ਵਡਿਆਈ ਮਿਲ ਭੀ ਜਾਏ, ਤਾਂ ਰਤਾ-ਮਾਤਰ ਹੀ ਮਿਲਦੀ ਹੈ।
184	4	ਸੁਣਿਆ ਮੰਨਿਆ ਮਨਿ ਕੀਤਾ ਭਾਉ॥		Suniaa Manniaa Man Keethaa Bhaao ||	Listening and believing with love and humility in your mind,	(ਪਰ ਜਿਸ ਮਨੁੱਖ ਨੇ ਅਕਾਲ ਪੁਰਖ ਦੇ ਨਾਮ ਵਿਚ) ਸੁਰਤ ਜੋੜੀ ਹੈ, (ਜਿਸ ਦਾ ਮਨ ਨਾਮ ਵਿਚ) ਪਤੀਜ ਗਿਆ ਹੈ. (ਅਤੇ ਜਿਸ ਨੇ ਆਪਣੇ ਮਨ) ਵਿਚ (ਅਕਾਲ ਪੁਰਖ ਦਾ) ਪਿਆਰ ਜਮਾਇਆ ਹੈ,

185	4	ਅੰਤਰਗਤਿ ਤੀਰਥਿ ਮਲਿ ਨਾਉ॥	(ਗਤਿ) ਪ੍ਰਾਪਤੀ, ਨਾਸ, ਗਤੀ ਹੋਣੀ।ਗਤਿ, ਮਲਿ ਪੋਲੇ ਬੋਲੋ	Antharagath Theerathh Mal Naao ||	Cleanse yourself with the Name, at the sacred shrine deep within.	ਉਸ ਮਨੁੱਖ ਨੇ (ਮਾਨੋ) ਆਪਣੇ ਅੰਦਰਲੇ ਤੀਰਥ ਵਿਚ ਮਲ ਮਲ ਕੇ ਇਸ਼ਨਾਨ ਕਰ ਲਿਆ ਹੈ (ਭਾਵ, ਉਸ ਮਨੁੱਖ ਨੇ ਆਪਣੇ ਅੰਦਰ ਵੱਸ ਰਹੇ ਅਕਾਲ ਪੁਰਖ ਵਿਚ ਜੁੜ ਕੇ ਚੰਗੀ ਤਰ੍ਹਾਂ ਆਪਣੇ ਮਨ ਦੀ ਮੈਲ ਲਾਹ ਲਈ ਹੈ)।
186	4	ਸਭਿ ਗੁਣ ਤੇਰੇ ਮੈ ਨਾਹੀ ਕੋਇ॥		Sabh Gun Thaerae Mai Naahee Koe ||	All virtues are Yours, Lord, I have none at all.	ਮੇਰੀ ਕੋਈ ਪਾਂਇਆਂ ਨਹੀਂ (ਕਿ ਮੈਂ ਤੇਰੇ ਗੁਣ ਗਾ ਸਕਾਂ), ਇਹ ਸਭ ਤੇਰੀਆਂ ਹੀ ਵਡਿਆਈਆਂ ਹਨ।
187	4	ਵਿਣੁ ਗੁਣ ਕੀਤੇ ਭਗਤਿ ਨ ਹੋਇ॥		Vin Gun Keethae Bhagath N Hoe ||	Without virtue, there is no devotional worship.	(ਹੇ ਅਕਾਲ ਪੁਰਖ!) ਜੇ ਤੂੰ (ਆਪ ਆਪਣੇ) ਗੁਣ (ਮੇਰੇ ਵਿਚ) ਪੈਦਾ ਨਾਹ ਕਰੇਂ ਤਾਂ ਮੈਥੋਂ ਤੇਰੀ ਭਗਤੀ ਨਹੀਂ ਹੋ ਸਕਦੀ।
188	4	ਸੁਅਸਤਿ ਆਥਿ ਬਾਣੀ ਬਰਮਾਉ॥	(ਸੁ-ਅਸਤਿ) ਹੇ ਕਲਿਆਣ ਸਰੂਪ ਜੀ! (ਬਰਮਾਉ) ਅਨੰਤ ਬ੍ਰਹਮੰਡ ਦੀ, (ਬਾਣੀ) ਬਣਾਵਟ, ਆਪ ਜੀ ਆਪ ਹੀ (ਆਥਿ) ਹੋ।	Suasath Aathh Baanee Baramaao ||	I bow to the Lord of the World, to His Word, to Brahma the Creator.	(ਹੇ ਨਿਰੰਕਾਰ!) ਤੇਰੀ ਸਦਾ ਜੈ ਹੋਵੇ! ਤੂੰ ਆਪ ਹੀ ਮਾਇਆ ਹੈਂ, ਤੂੰ ਆਪ ਹੀ ਬਾਣੀ ਹੈਂ, ਤੂੰ ਆਪ ਹੀ ਬ੍ਰਹਮਾ ਹੈਂ (ਭਾਵ, ਇਸ ਸ੍ਰਿਸ਼ਟੀ ਨੂੰ ਬਣਾਨ ਵਾਲੇ ਮਾਇਆ, ਬਾਣੀ ਜਾਂ ਬ੍ਰਹਮਾ ਤੈਥੋਂ ਵੱਖਰੀ ਹਸਤੀ ਵਾਲੇ ਨਹੀਂ ਹਨ, ਜੋ ਲੋਕਾਂ ਨੇ ਮੰਨ ਰੱਖੇ ਹਨ।)

189	4	ਸਤਿ ਸੁਹਾਣੁ ਸਦਾ ਮਨਿ ਚਾਉ॥	(ਸੱਤਿ) ਸੱਚ ਸਰੂਪ। (ਸੁਹਾਣੁ) ਸੋਭਨੀਕ	Sath Suhaan Sadhaa Man Chaao ||	He is Beautiful, True and Eternally Joyful.	ਤੂੰ ਸਦਾ-ਥਿਰ ਹੈਂ, ਸੋਹਣਾ ਹੈਂ, ਤੇਰੇ ਮਨ ਵਿਚ ਸਦਾ ਖਿੜਾਉ ਹੈ, (ਤੂੰ ਹੀ ਜਗਤ ਰਚਣ ਵਾਲਾ ਹੈਂ, ਤੈਨੂੰ ਹੀ ਪਤਾ ਹੈ ਤੂੰ ਕਦੋਂ ਬਣਾਇਆ)।
190	4	ਕਵਣੁ ਸੁ ਵੇਲਾ ਵਖਤੁ ਕਵਣੁ ਕਵਣ ਥਿਤਿ ਕਵਣੁ ਵਾਰੁ॥	(ਵੇਲਾ) ਹਿੰਦੀ ਅਨੁਸਾਰ ਹਿੰਦੂ ਵੇਲਾ, ਫ਼ਾਰਸੀ ਅਨੁਸਾਰ ਮੁਸਲਮਾਨ ਵਖਤੁ ਕਹਿੰਦੇ ਹਨ। ਵੇਲਾ: ਲੱਲੇ ਪੈਰ ਬਿੰਦੀ ਨਹੀਂ ਲਾਉਣੀ। ਥਿੱਤਿ ਤੱਤੇ ਸਿਹਾਰੀ ਲਾਉ। ਵਖਤੁ: ਪੋਲਾ ਬੋਲੋ	Kavan S Vaelaa Vakhath Kavan Kavan Thhith Kavan Vaar ||	What was that time, and what was that moment? What was that day, and what was that date?	ਕਿਹੜਾ ਉਹ ਵੇਲਾ ਤੇ ਵਕਤ ਸੀ, ਕਿਹੜੀ ਥਿਤ ਸੀ, ਕਿਹੜਾ ਦਿਨ ਸੀ,
191	4	ਕਵਣਿ ਸਿ ਰੁਤੀ ਮਾਹੁ ਕਵਣੁ ਜਿਤੁ ਹੋਆ ਆਕਾਰੁ॥	ਰੁੱਤੀ, ਕਵਣਿ, ਕਵਣੁ ਪਹਿਲੇ ਣਾਣੇ ਸਿਹਾਰੀ, ਦੂਜੇ ਔਂਕੜਲਾਉ। ਮਾਹੁ ਹਾਹੇ ਔਂਕੜ ਲੰਬਾ ਨ ਬੋਲੋ	Kavan S Ruthee Maahu Kavan Jith Hoaa Aakaar ||	What was that season, and what was that month, when the Universe was created?	ਕਿਹੜੀਆਂ ਉਹ ਰੁੱਤਾਂ ਸਨ ਅਤੇ ਕਿਹੜਾ ਉਹ ਮਹੀਨਾ ਸੀ, ਜਦੋਂ ਇਹ ਸੰਸਾਰ ਬਣਿਆ ਸੀ?
192	4	ਵੇਲ ਨ ਪਾਈਆ ਪੰਡਤੀ ਜਿ ਹੋਵੈ ਲੇਖੁ ਪੁਰਾਣੁ॥	(ਵੇਲ) ਵੇਲਾ। (ਪਾਈਆ) ਪਾਇਆ	Vael N Paaeeaa Panddathee J Hovai Laekh Puraan ||	The Pandits, the religious scholars, cannot find that time, even if it is written in the Puraanas.	(ਕਦੋਂ ਇਹ ਸੰਸਾਰ ਬਣਿਆ?) ਉਸ ਸਮੇਂ ਦਾ ਪੰਡਤਾਂ ਨੂੰ ਭੀ ਪਤਾ ਨਾਹ ਲੱਗਾ। ਜੇ ਪਤਾ ਹੁੰਦਾ ਤਾਂ (ਇਸ ਮਜ਼ਮੂਨ ਉੱਤੇ ਭੀ) ਇਕ ਪੁਰਾਣ ਲਿਖਿਆ ਹੁੰਦਾ।

193	4	ਵਖਤੁ ਨ ਪਾਇਓ ਕਾਦੀਆ ਜਿ ਲਿਖਨਿ ਲੇਖੁ ਕੁਰਾਣੁ॥	(ਕਾਦੀਆ) ਕਾਜ਼ੀਆਂ। ਕਾਦੀਆ: ਪੋਲਾ ਬੋਲੋ	Vakhath N Paaeiou Kaadheeaa J Likhan Laekh Kuraan ||	That time is not known to the Qazis, who study the Koran.	ਉਸ ਸਮੇਂ ਦੀ ਕਾਜ਼ੀਆਂ ਨੂੰ ਖ਼ਬਰ ਨਾਹ ਲੱਗ ਸਕੀ, ਨਹੀਂ ਤਾਂ ਉਹ ਲੇਖ ਲਿਖ ਦੇਂਦੇ ਜਿਵੇਂ ਉਹਨਾਂ (ਆਇਤਾਂ ਇਕੱਠੀਆਂ ਕਰ ਕੇ) ਕੁਰਾਨ (ਲਿਖਿਆ ਸੀ)।
194	4	ਥਿਤਿ ਵਾਰੁ ਨਾ ਜੋਗੀ ਜਾਣੈ ਰੁਤਿ ਮਾਹੁ ਨਾ ਕੋਈ॥	(ਮਾਹੁ) ਮਹੀਨਾ	Thhith Vaar Naa Jogee Jaanai Ruth Maahu Naa Koee ||	The day and the date are not known to the Yogis, nor is the month or the season.	(ਜਦੋਂ ਜਗਤ ਬਣਿਆ ਸੀ ਤਦੋਂ) ਕਿਹੜੀ ਥਿੱਤ ਸੀ, (ਕਿਹੜਾ) ਵਾਰ ਸੀ, ਇਹ ਗੱਲ ਕੋਈ ਜੋਗੀ ਭੀ ਨਹੀਂ ਜਾਣਦਾ। ਕੋਈ ਮਨੁੱਖ ਨਹੀਂ (ਦੱਸ ਨਹੀਂ ਸਕਦਾ) ਕਿ ਤਦੋਂ ਕਿਹੜੀ ਰੁੱਤ ਸੀ ਅਤੇ ਕਿਹੜਾ ਮਹੀਨਾ ਸੀ।
195	4	ਜਾ ਕਰਤਾ ਸਿਰਠੀ ਕਉ ਸਾਜੇ ਆਪੇ ਜਾਣੈ ਸੋਈ॥		Jaa Karathaa Sirathee Ko Saajae Aapae Jaanai Soee ||	The Creator who created this creation- only He Himself knows.	ਜੋ ਸਿਰਜਣਹਾਰ ਇਸ ਜਗਤ ਨੂੰ ਪੈਦਾ ਕਰਦਾ ਹੈ, ਉਹ ਆਪ ਹੀ ਜਾਣਦਾ ਹੈ (ਕਿ ਜਗਤ ਕਦੋਂ ਰਚਿਆ)।
196	4	ਕਿਵ ਕਰਿ ਆਖਾ ਕਿਵ ਸਾਲਾਹੀ ਕਿਉ ਵਰਨੀ ਕਿਵ ਜਾਣਾ॥	(ਵਰਨੀ) ਵਰਣਨ	Kiv Kar Aakhaa Kiv Saalaahee Kio Varanee Kiv Jaanaa ||	How can we speak of Him? How can we praise Him? How can we describe Him? How can we know Him?	ਮੈਂ ਕਿਸ ਤਰ੍ਹਾਂ (ਅਕਾਲ ਪੁਰਖ ਦੀ ਵਡਿਆਈ) ਦੱਸਾਂ, ਕਿਸ ਤਰ੍ਹਾਂ ਅਕਾਲ ਪੁਰਖ ਦੀ ਸਿਫਤਿ-ਸਾਲਾਹ ਕਰਾਂ, ਕਿਸ ਤਰ੍ਹਾਂ (ਅਕਾਲ ਪੁਰਖ ਦੀ ਵਡਿਆਈ) ਵਰਣਨ ਕਰਾਂ ਅਤੇ ਕਿਸ ਤਰ੍ਹਾਂ ਸਮਝ ਸਕਾਂ?

197	5	ਨਾਨਕ ਆਖਣਿ ਸਭੁ ਕੋ ਆਖੈ ਇਕ ਦੂ ਇਕੁ ਸਿਆਣਾ॥	(ਦੂ) ਤੋਂ	Naanak Aakhan Sabh Ko Aakhai Eik Dhoo Eik Siaanaa ||	O Nanak, everyone speaks of Him, each one wiser than the rest.	ਹੇ ਨਾਨਕ! ਹਰੇਕ ਜੀਵ ਆਪਣੇ ਆਪ ਨੂੰ ਦੂਜੇ ਨਾਲੋਂ ਸਿਆਣਾ ਸਮਝ ਕੇ (ਅਕਾਲ ਪੁਰਖ ਦੀ ਵਡਿਆਈ) ਦੱਸਣ ਦਾ ਜਤਨ ਕਰਦਾ ਹੈ, (ਪਰ ਦੱਸ ਨਹੀਂ ਸਕਦਾ)।
198	5	ਵਡਾ ਸਾਹਿਬੁ ਵਡੀ ਨਾਈ ਕੀਤਾ ਜਾ ਕਾ ਹੋਵੈ॥	(ਨਾਈ) ਵਡਿਆਈ	Vaddaa Saahib Vaddee Naaee Keethaa Jaa Kaa Hovai ||	Great is the Master, Great is His Name. Whatever happens is according to His Will.	ਅਕਾਲ ਪੁਰਖ (ਸਭ ਤੋਂ) ਵੱਡਾ ਹੈ, ਉਸ ਦੀ ਵਡਿਆਈ ਉੱਚੀ ਹੈ। ਜੋ ਕੁਝ ਜਗਤ ਵਿਚ ਹੋ ਰਿਹਾ ਹੈ, ਉਸੇ ਦਾ ਕੀਤਾ ਹੋ ਰਿਹਾ ਹੈ।
199	5	ਨਾਨਕ ਜੇ ਕੋ ਆਪੌ ਜਾਣੈ ਅਗੈ ਗਇਆ ਨ ਸੋਹੈ॥੨੧॥	(ਸੋਹੈ) ਸੋਭਦਾ। ਅੱਗੈ। ਗ-ਇਆ। ਆਪੌ: ਕਨੌੜਾ ਪੂਰਾ ਚਾੜ੍ਹ ਕੇ ਬੋਲੋ।	Naanak Jae Ko Aapa Jaanai Agai Gaeiaa N Sohai ||21||	O Nanak, one who claims to know everything shall not be decorated in the world hereafter. ||21||	ਹੇ ਨਾਨਕ! ਜੇ ਕੋਈ ਮਨੁੱਖ ਆਪਣੀ ਅਕਲ ਦੇ ਆਸਰੇ (ਪ੍ਰਭੂ ਦੀ ਵਡਿਆਈ ਦਾ ਅੰਤ ਪਾਣ ਦਾ) ਜਤਨ ਕਰੇ, ਉਹ ਅਕਾਲ ਪੁਰਖ ਦੇ ਦਰ 'ਤੇ ਜਾ ਕੇ ਆਦਰ ਨਹੀਂ ਪਾਂਦਾ ॥੨੧॥
200	5	ਪਾਤਾਲਾ ਪਾਤਾਲ ਲਖ ਆਗਾਸਾ ਆਗਾਸ॥	ਪਾ-ਤਾ-ਲਾ: ਪੱਪੇ ਤੇ ਐੜੇ ਦਾ ਕੰਨਾ ਖ੍ਹੋਲ ਕੇ ਬੋਲੋ। ਲੱਖ।ਆ-ਗਾ-ਸਾ: ਕੰਨੇ ਪੂਰੇ ਬੋਲੋ।	Paathaalaa Paathaal Lakh Aagaasaa Aagaas ||	There are nether worlds beneath nether worlds, and hundreds of thousands of heavenly worlds above.	(ਸਾਰੇ ਵੇਦ ਇੱਕ-ਜ਼ਬਾਨ ਹੋ ਕੇ ਆਖਦੇ ਹਨ) "ਪਾਤਾਲਾਂ ਦੇ ਹੇਠ ਹੋਰ ਲੱਖਾਂ ਪਾਤਾਲ ਹਨ ਅਤੇ ਆਕਾਸ਼ਾਂ ਦੇ ਉੱਤੇ ਹੋਰ ਲੱਖਾਂ ਆਕਾਸ਼ ਹਨ,

201	5	ਓੜਕ ਓੜਕ ਭਾਲਿ ਥਕੇ ਵੇਦ ਕਹਨਿ ਇਕ ਵਾਤ॥	(ਓੜਕ) ਅਖੀਰ।ਓਵਕ: ਹੋੜਾ ਖੋਲ੍ਹ ਕੇ ਬੋਲੋ। ਥੱਕੇ	Ourrak Ourrak Bhaal Thhakae Vaedh Kehan Eik Vaath ||	The Vedas say that you can search and search for them all, until you grow weary.	(ਬੇਅੰਤ ਰਿਸ਼ੀ ਮੁਨੀ ਇਹਨਾਂ ਦੇ) ਅਖ਼ੀਰਲੇ ਬੰਨਿਆਂ ਦੀ ਭਾਲ ਕਰਕੇ ਥੱਕ ਗਏ ਹਨ, (ਪਰ ਲੱਭ ਨਹੀਂ ਸਕੇ)।"
202	5	ਸਹਸ ਅਠਾਰਹ ਕਹਨਿ ਕਤੇਬਾ ਅਸੁਲੂ ਇਕੁ ਧਾਤੁ॥	(ਅਸੁਲੂ) ਅਸਲ ਚ।ਅਸੁਲੂ: ਸੱਸੇ ਔਂਕੜ ਲਘੂ ਬੋਲ ਕੇ, ਲੱਲੇ ਦੁਲੈਂਕੜ ਲਾ ਕੇ ਅ-ਸੁ-ਲੂ ਬੋਲੋ। (ਦੂਜਾ ਪਾਠ: ਅਸੁ ਲੂ) (ਧਾਤੁ) ਤੱਤ ਸਰੂਪ।	Sehas Athaareh Kehan Kathaebaa Asuloo Eik Dhhaath ||	The scriptures say that there are 18,000 worlds, but in reality, there is only One Universe.	(ਮੁਸਲਮਾਨ ਤੇ ਈਸਾਈ ਆਦਿਕ ਦੀਆਂ ਚਾਰੇ) ਕਤੇਬਾਂ ਆਖਦੀਆਂ ਹਨ, "ਕੁੱਲ ਅਠਾਰਹ ਹਜ਼ਾਰ ਆਲਮ ਹਨ, ਜਿਨ੍ਹਾਂ ਦਾ ਮੁੱਢ ਇਕ ਅਕਾਲ ਪੁਰਖ ਹੈ।" (ਪਰ ਸੱਚੀ ਗੱਲ ਤਾਂ ਇਹ ਹੈ ਕਿ ਸ਼ਬਦ) 'ਹਜ਼ਾਰਾਂ' ਤੇ 'ਲੱਖਾਂ' ਭੀ ਕੁਦਰਤ ਦੀ ਗਿਣਤੀ ਵਿਚ ਵਰਤੇ ਨਹੀਂ ਜਾ ਸਕਦੇ।
203	5	ਲੇਖਾ ਹੋਇ ਤ ਲਿਖੀਐ ਲੇਖੈ ਹੋਇ ਵਿਣਾਸੁ॥	(ਵਿਣਾਸੁ) ਨਾਸ, ਖਾਤਮਾ	Laekhaa Hoe Th Likheeai Laekhai Hoe Vinaas ||	If you try to write an account of this, you will surely finish yourself before you finish writing it.	ਅਕਾਲ ਪੁਰਖ ਦੀ ਕੁਦਰਤ ਦਾ) ਲੇਖਾ ਤਦੋਂ ਹੀ ਲਿੱਖ ਸਕੀਦਾ ਹੈ, ਜੇ ਲੇਖਾ ਹੋ ਹੀ ਸਕੇ। (ਇਹ ਲੇਖਾ ਤਾਂ ਹੋ ਹੀ ਨਹੀਂ ਸਕਦਾ, ਲੇਖਾ ਕਰਦਿਆਂ ਕਰਦਿਆਂ) ਲੇਖੇ ਦਾ ਹੀ ਖ਼ਾਤਮਾ ਹੋ ਜਾਂਦਾ ਹੈ (ਗਿਣਤੀ ਦੇ ਹਿੰਦਸੇ ਹੀ ਮੁੱਕ ਜਾਂਦੇ ਹਨ)।

204	5	ਨਾਨਕ ਵਡਾ ਆਖੀਐ ਆਪੇ ਜਾਣੈ ਆਪੁ॥੨੨॥		Naanak Vaddaa Aakheeai Aapae Jaanai Aap ||22||	O Nanak, call Him Great! He Himself knows Himself. ||22||	ਹੇ ਨਾਨਕ! ਜਿਸ ਅਕਾਲ ਪੁਰਖ ਨੂੰ (ਸਾਰੇ ਜਗਤ ਵਿਚ) ਵੱਡਾ ਆਖਿਆ ਜਾ ਰਿਹਾ ਹੈ, ਉਹ ਆਪ ਹੀ ਆਪਣੇ ਆਪ ਨੂੰ ਜਾਣਦਾ ਹੈ। (ਉਹ ਆਪਣੀ ਵਡਿਆਈ ਆਪ ਹੀ ਜਾਣਦਾ ਹੈ ॥੨੨॥
205	5	ਸਾਲਾਹੀ ਸਾਲਾਹਿ ਏਤੀ ਸੁਰਤਿ ਨ ਪਾਈਆ॥	(ਸਾਲਾਹੀ) ਸਾਲਾਹਣ ਯੋਗ। (ਸੁਰਤਿ) ਸਮਝ	Saalaahee Saalaahi Eaethee Surath N Paaeeaa ||	The praisers praise the Lord, but they do not obtain intuitive understanding	ਸਲਾਹੁਣ-ਜੋਗ ਅਕਾਲ ਪੁਰਖ ਦੀਆਂ ਵਡਿਆਈਆਂ ਆਖ ਆਖ ਕੇ ਕਿਸੇ ਮਨੁੱਖ ਨੇ ਇਤਨੀ ਸਮਝ ਨਹੀਂ ਪਾਈ ਕਿ ਅਕਾਲ ਪੁਰਖ ਕੇਡਾ ਵੱਡਾ ਹੈ। (ਸਿਫ਼ਤ-ਸਾਲਾਹ ਕਰਨ ਵਾਲੇ ਮਨੁੱਖ ਉਸ ਅਕਾਲ ਪੁਰਖ ਦੇ ਵਿਚੇ ਹੀ ਲੀਨ ਹੋ ਜਾਂਦੇ ਹਨ)।
206	5	ਨਦੀਆ ਅਤੈ ਵਾਹ ਪਵਹਿ ਸਮੁੰਦਿ ਨ ਜਾਣੀਅਹਿ॥	ਅਤੈ: ਪੋਲਾ ਬੋਲੋ। ਪਵ-ਹਿ। ਸਮੁੰਦਿ: ਸੱਸਾ ਮੁਕਤਾ ਬੋਲਣਾ। ਜਾਣੀ-ਅਹਿ: ਐੜਾ ਮੁਕਤਾ ਬੋਲ ਕੇ, ਹਾਹੇ ਸਿਹਾਰੀ ਸੰਕੋਚ ਕੇ ਬੋਲੋ।	Nadheeaa Athai Vaah Pavehi Samundh N Jaaneeahi ||	The streams and rivers flowing into the ocean do not know its vastness.	ਨਦੀਆਂ ਤੇ ਨਾਲੇ ਸਮੁੰਦਰ ਵਿਚ ਪੈਂਦੇ ਹਨ, (ਪਰ ਫਿਰ ਵੱਖਰੇ) ਉਹ ਪਛਾਣੇ ਨਹੀਂ ਜਾ ਸਕਦੇ (ਵਿਚੇ ਹੀ ਲੀਨ ਹੋ ਜਾਂਦੇ ਹਨ, ਤੇ ਸਮੁੰਦਰ ਦੀ ਥਾਹ ਨਹੀਂ ਪਾ ਸਕਦੇ)।

207	5	ਸਮੁੰਦ ਸਾਹ ਸੁਲਤਾਨ ਗਿਰਹਾ ਸੇਤੀ ਮਾਲੁ ਧਨੁ॥	(ਸਮੁੰਦ) ਸਮੁੰਦ੍ਰ। (ਸਾਹ) ਬਾਦਸ਼ਾਹ। (ਸੁਲਤਾਨ) ਹੁਕਮਰਾਨ। (ਗਿਰਹਾ) ਪਹਾੜਾਂ। (ਸੇਤੀ) ਸਮਾਨ। ਸਮੁੰਦ: ਸੱਸੇ ਔਂਕੜ ਨ ਲਾਉ। ਧਨੁ: ਪੋਲਾ ਬੋਲੋ। ਸਾਹ ਸੱਸੇ ਪੈਰ ਬਿੰਦੀ ਨਹੀਂ ਲਾਉਣੀ, ਕੰਨਾ ਦੀਰਘ ਲਾ ਕੇ, ਹਾਹਾ ਮੁਕਤਾ ਲਘੂ ਬੋਲੋ।	Samundh Saah Sulathaan Girehaa Saethee Maal Dhhan ||	Even kings and emperors, with mountains of property and oceans of wealth	ਸਮੁੰਦਰਾਂ ਦੇ ਪਾਤਸ਼ਾਹ ਤੇ ਸੁਲਤਾਨ (ਜਿਨ੍ਹਾਂ ਦੇ ਖ਼ਜ਼ਾਨਿਆਂ ਵਿੱਚ) ਪਹਾੜ ਜੇਡੇ ਧਨ ਪਦਾਰਥਾਂ (ਦੇ ਢੇਰ ਹੋਣ)
208	5	ਕੀੜੀ ਤੁਲਿ ਨ ਹੋਵਨੀ ਜੇ ਤਿਸੁ ਮਨਹੁ ਨ ਵੀਸਰਹਿ॥੨੩॥	(ਤੁੱਲਿ) ਬਰਾਬਰ। ਵੀਸਰ-ਹਿ	Keerree Thul N Hovanee Jae This Manahu N Veesarehi ||23||	-these are not even equal to an ant, who does not forget God. ||23||	(ਪ੍ਰਭੂ ਦੀ ਸਿਫ਼ਤ-ਸਾਲਾਹ ਕਰਨ ਵਾਲੇ ਦੀਆਂ ਨਜ਼ਰਾਂ ਵਿਚ) ਇਕ ਕੀੜੀ ਦੇ ਭੀ ਬਰਾਬਰ ਨਹੀਂ ਹੁੰਦੇ, ਜੇ (ਹੇ ਅਕਾਲ ਪੁਰਖ!) ਉਸ ਕੀੜੀ ਦੇ ਮਨ ਵਿਚੋਂ ਤੂੰ ਨਾਹ ਵਿਸਰ ਜਾਏਂ ॥੨੩॥
209	5	ਅੰਤੁ ਨ ਸਿਫਤੀ ਕਹਣਿ ਨ ਅੰਤੁ॥	ਅੰਤੁ: ਔਂਕੜ ਲਾਉ। ਕਹ-ਣਿ	Anth N Sifathee Kehan N Anth ||	Endless are His Praises, endless are those who speak them.	(ਅਕਾਲ ਪੁਰਖ ਦੇ) ਗੁਣਾਂ ਦਾ ਕੋਈ ਹੱਦ-ਬੰਨਾ ਨਹੀਂ ਹੈ, ਗਿਣਨ ਨਾਲ ਭੀ (ਗੁਣਾਂ ਦਾ) ਅੰਤ ਨਹੀਂ ਪੈ ਸਕਦਾ। (ਗਿਣੇ ਨਹੀਂ ਜਾ ਸਕਦੇ)।
210	5	ਅੰਤੁ ਨ ਕਰਣੈ ਦੇਣਿ ਨ ਅੰਤੁ॥		Anth N Karanai Dhaen N Anth ||	Endless are His Actions, endless are His Gifts.	ਅਕਾਲ ਪੁਰਖ ਦੀ ਰਚਨਾ ਤੇ ਦਾਤਾਂ ਦਾ ਅੰਤ ਨਹੀਂ ਪੈ ਸਕਦਾ।

211	5	ਅੰਤੁ ਨਾ ਵੇਖਣਿ ਸੁਣਣਿ ਨ ਅੰਤੁ॥	ਸੁਣ-ਣਿ: ਣਾਣੇ ਬੋਲੋ, ਨਨਾ ਨਹੀ	Anth N Vaekhan Sunan N Anth ||	Endless is His Vision, endless is His Hearing.	ਵੇਖਣ ਤੇ ਸੁਣਨ ਨਾਲ ਭੀ ਉਸ ਦੇ ਗੁਣਾਂ ਦਾ ਪਾਰ ਨਹੀਂ ਪਾ ਸਕੀਦਾ।
212	5	ਅੰਤੁ ਨ ਜਾਪੈ ਕਿਆ ਮਨਿ ਮੰਤੁ॥	(ਜਾਪੈ) ਜਾਪਦਾ, ਦਿਸਦਾ	Anth N Jaapai Kiaa Man Manth ||	His limits cannot be perceived. What is the Mystery of His Mind?	ਉਸ ਅਕਾਲ ਪੁਰਖ ਦੇ ਮਨ ਵਿਚ ਕਿਹੜੀ ਸਲਾਹ ਹੈ, ਇਸ ਗੱਲ ਦਾ ਭੀ ਅੰਤ ਨਹੀਂ ਪਾਇਆ ਜਾ ਸਕਦਾ।
213	5	ਅੰਤੁ ਨ ਜਾਪੈ ਕੀਤਾ ਆਕਾਰੁ॥		Anth N Jaapai Keethaa Aakaar ||	The limits of the created universe cannot be perceived.	ਅਕਾਲ ਪੁਰਖ ਨੇ ਇਹ ਜਗਤ (ਜੋ ਦਿੱਸ ਰਿਹਾ ਹੈ) ਬਣਾਇਆ ਹੈ, ਪਰ ਇਸ ਦਾ ਹੀ ਅੰਤ ਨਹੀਂ ਪਾਇਆ ਜਾਂਦਾ। ਅਖ਼ੀਰ
214	5	ਅੰਤੁ ਨ ਜਾਪੈ ਪਾਰਾਵਾਰੁ॥		Anth N Jaapai Paaraavaar ||	Its limits here and beyond cannot be perceived.	ਇਸ ਦਾ ਉਰਲਾ ਤੇ ਪਾਰਲਾ ਬੰਨਾ ਕੋਈ ਨਹੀਂ ਦਿੱਸਦਾ।
215	5	ਅੰਤ ਕਾਰਣਿ ਕੇਤੇ ਬਿਲਲਾਹਿ॥	(ਬਿਲਲਾਹਿ) ਤਰਲੇ ਲੈਂਦੇ, ਰੋਂਦੇ	Anth Kaaran Kaethae Bilalaahi ||	Many struggle to know His limits,	ਕਈ ਮਨੁੱਖ ਅਕਾਲ ਪੁਰਖ ਦਾ ਹੱਦ-ਬੰਨਾ ਲੱਭਣ ਲਈ ਤਰਲੈ ਲੈ ਰਹੇ ਸਨ,
216	5	ਤਾ ਕੇ ਅੰਤ ਨ ਪਾਏ ਜਾਹਿ॥		Thaa Kae Anth N Paaeae Jaahi ||	But His limits cannot be found.	ਪਰ ਉਸ ਦੇ ਹੱਦ-ਬੰਨੇ ਲੱਭੇ ਨਹੀਂ ਜਾ ਸਕਦੇ।
217	5	ਏਹੁ ਅੰਤੁ ਨ ਜਾਣੈ ਕੋਇ॥		Eaehu Anth N Jaanai Koe ||	No one can know these limits.	(ਅਕਾਲ ਪੁਰਖ ਦੇ ਗੁਣਾਂ ਦਾ) ਇਹ ਹੱਦ-ਬੰਨਾ (ਜਿਸ ਦੀ ਬੇਅੰਤ ਜੀਵ ਭਾਲ ਕਰ ਰਹੇ ਹਨ) ਕੋਈ ਮਨੁੱਖ ਨਹੀਂ ਪਾ ਸਕਦਾ।

218	5	ਬਹੁਤਾ ਕਹੀਐ ਬਹੁਤਾ ਹੋਇ॥		Bahuthaa Keheeai Bahuthaa Hoe ||	The more you say about them, the more there still remains to be said.	ਜਿਉਂ ਜਿਉਂ ਇਹ ਗੱਲ ਆਖੀ ਜਾਵੀਏ ਕਿ ਉਹ ਵੱਡਾ ਹੈ, ਤਿਉਂ ਤਿਉਂ ਉਹ ਹੋਰ ਵੱਡਾ, ਹੋਰ ਵੱਡਾ ਪਰਤੀਤ ਹੋਣ ਲੱਗ ਪੈਂਦਾ ਹੈ।
219	5	ਵਡਾ ਸਾਹਿਬੁ ਊਚਾ ਥਾਉ॥		Vaddaa Saahib Oochaa Thhaao ||	Great is the Master, High is His Heavenly Home.	ਅਕਾਲ ਪੁਰੱਖ ਵੱਡਾ ਹੈ, ਉਸ ਦਾ ਟਿਕਾਣਾ ਉੱਚਾ ਹੈ।
220	5	ਊਚੇ ਉਪਰਿ ਊਚਾ ਨਾਉ॥	ਉੱਪਰਿ	Oochae Oupar Oochaa Naao ||	Highest of the High, above all is His Name.	ਉਸ ਦਾ ਨਾਮਣਾ ਭੀ ਉੱਚਾ ਹੈ।
221	5	ਏਵਡੁ ਊਚਾ ਹੋਵੈ ਕੋਇ॥	ਏ-ਵੱਡੁ	Eaevadd Oochaa Hovai Koe ||	Only one as Great and as High as God	ਜੇ ਕੋਈ ਹੋਰ ਉਸ ਜੇਡਾ ਵੱਡਾ ਹੋਵੇ,
222	5	ਤਿਸੁ ਊਚੇ ਕਉ ਜਾਣੈ ਸੋਇ॥		This Oochae Ko Jaanai Soe ||	Can know His Lofty and Exalted State.	ਉਹ ਹੀ ਉਸ ਉੱਚੇ ਅਕਾਲ ਪੁਰਖ ਨੂੰ ਸਮਝ ਸਕਦਾ ਹੈ (ਕਿ ਉਹ ਕੇਡਾ ਵੱਡਾ ਹੈ)।
223	5	ਜੇਵਡੁ ਆਪਿ ਜਾਣੈ ਆਪਿ ਆਪਿ॥	ਜੇ-ਵੱਡੁ	Jaevadd Aap Jaanai Aap Aap ||	Only He Himself is that Great. He Himself knows Himself.	ਅਕਾਲ ਪੁਰਖ ਆਪ ਹੀ ਜਾਣਦਾ ਹੈ ਕਿ ਉਹ ਆਪ ਕੇਡਾ ਵੱਡਾ ਹੈ।
224	5	ਨਾਨਕ ਨਦਰੀ ਕਰਮੀ ਦਾਤਿ॥੨੪॥		Naanak Nadharee Karamee Dhaath ||24||	O Nanak, by His Glance of Grace, He bestows His Blessings. ||24||	ਹੇ ਨਾਨਕ! (ਹਰੇਕ) ਦਾਤ ਮਿਹਰ ਦੀ ਨਜ਼ਰ ਕਰਨ ਵਾਲੇ ਅਕਾਲ ਪੁਰਖ ਦੀ ਬਖ਼ਸ਼ਸ਼ ਨਾਲ ਮਿਲਦੀ ਹੈ ॥੨੪॥

225	5	ਬਹੁਤਾ ਕਰਮੁ ਲਿਖਿਆ ਨਾ ਜਾਇ॥	(ਕਰਮੁ) ਬਖ਼ਸ਼ਸ਼	Bahuthaa Karam Likhiaa Naa Jaae ||	His Blessings are so abundant that there can be no written account of them.	ਅਕਾਲ ਪੁਰਖ ਦੀ ਬਖ਼ਸ਼ਸ਼ ਏਡੀ ਵੱਡੀ ਹੈ ਕਿ ਲਿਖਣ ਵਿਚ ਲਿਆਂਦੀ ਨਹੀਂ ਜਾ ਸਕਦੀ।
226	5	ਵਡਾ ਦਾਤਾ ਤਿਲੁ ਨ ਤਮਾਇ॥	(ਤਮਾਇ) ਲਾਲਚ। ਤਿਲੁ: ਪੋਲਾ ਬੋਲੋ	Vaddaa Dhaathaa Thil N Thamaae ||	The Great Giver does not hold back anything.	ਉਹ ਬੜੀਆਂ ਦਾਤਾਂ ਦੇਣ ਵਾਲਾ ਹੈ, ਉਸ ਨੂੰ ਰਤਾ ਭੀ ਲਾਲਚ ਨਹੀਂ।
227	5	ਕੇਤੇ ਮੰਗਹਿ ਜੋਧ ਅਪਾਰ॥	(ਜੋਧ) ਸੂਰਮੇ। (ਅਪਾਰ) ਬੇਅੰਤ। ਕੇੱਤੇ। ਜੋਧ: ਜੱਜਾ ਕਸਕੇ ਬੋਲੋ, ਢਿੱਲਾ ਬੋਲਣ ਨਾਲ ਯ ਲੱਗ ਜਾਵੇਗਾ	Kaethae Mangehi Jodhh Apaar ||	There are so many great, heroic warriors begging at the Door of the Infinite Lord.	ਬੇਅੰਤ ਸੂਰਮੇ (ਅਕਾਲ ਪੁਰਖ ਦੇ ਦਰ 'ਤੇ) ਮੰਗ ਰਹੇ ਹਨ,
228	5	ਕੇਤਿਆ ਗਣਤ ਨਹੀ ਵੀਚਾਰੁ॥		Kaethiaa Ganath Nehee Veechaar ||	So many contemplate and dwell upon Him, that they cannot be counted.	ਅਤੇ (ਮੰਗਣ ਵਾਲੇ) ਕਈ ਹੋਰ ਅਜਿਹੇ ਹਨ, ਜਿਨ੍ਹਾਂ ਦੀ ਗਿਣਤੀ 'ਤੇ ਵਿਚਾਰ ਨਹੀਂ ਹੋ ਸਕਦੀ।
229	5	ਕੇਤੇ ਖਪਿ ਤੁਟਹਿ ਵੇਕਾਰ॥	ਖਪਿ: ਪੋਲਾ ਬੋਲੋ, ਤੁੱਟਹਿ	Kaethae Khap Thuttehi Vaekaar ||	So many waste away to death engaged in corruption.	ਕਈ ਜੀਵ (ਉਸ ਦੀਆਂ ਦਾਤਾਂ ਵਰਤ ਕੇ) ਵਿਕਾਰਾਂ ਵਿਚ (ਹੀ) ਖਪ ਖਪ ਕੇ ਨਾਸ ਹੁੰਦੇ ਹਨ।
230	5	ਕੇਤੇ ਲੈ ਲੈ ਮੁਕਰੁ ਪਾਹਿ॥	ਮੁਕਰੁ: ਪੋਲਾ ਬੋਲਣ ਨਾਲ, ਅਰਥ ਸ਼ੀਸ਼ਾ ਹੈ, ਇਸ ਕਰਕੇ ਮੁੱਕਰੁ ਕੱਸਕੇ ਬੋਲੋ	Kaethae Lai Lai Mukar Paahi ||	So many take and take again, and then deny receiving.	ਬੇਅੰਤ ਜੀਵ (ਅਕਾਲ ਪੁਰਖ ਦੇ ਦਰ ਤੋਂ ਪਦਾਰਥ) ਪਰਾਪਤ ਕਰ ਕੇ ਮੁਕਰ ਪੈਂਦੇ ਹਨ (ਭਾਵ, ਕਦੇ ਸ਼ੁਕਰ ਵਿਚ ਆ ਕੇ ਇਹ ਨਹੀ ਆਖਦੇ ਕਿ ਸਭ ਪਦਾਰਥ ਪ੍ਰਭੂ ਆਪ ਦੇ ਰਿਹਾ ਹੈ)।

231	5	ਕੇਤੇ ਮੂਰਖ ਖਾਹੀ ਖਾਹਿ॥		Kaethae Moorakh Khaahee Khaahi ||	So many foolish consumers keep on consuming.	ਅਨੇਕਾਂ ਮੂਰਖ (ਪਦਾਰਥ ਲੈ ਕੇ) ਖਾਹੀ ਹੀ ਜਾਂਦੇ ਹਨ (ਪਰ ਦਾਤਾਰ ਨੂੰ ਚੇਤੇ ਨਹੀਂ ਰੱਖਦੇ)।
232	5	ਕੇਤਿਆ ਦੂਖ ਭੂਖ ਸਦ ਮਾਰ॥		Kaethiaa Dhookh Bhookh Sadh Maar ||	So many endure distress, deprivation and constant abuse.	ਅਨੇਕਾਂ ਜੀਵਾਂ ਨੂੰ ਸਦਾ ਮਾਰ, ਕਲੇਸ਼ ਅਤੇ ਭੁਖ (ਹੀ ਭਾਗਾਂ ਵਿਚ ਲਿਖੇ ਹਨ)।
233	5	ਏਹਿ ਭਿ ਦਾਤਿ ਤੇਰੀ ਦਾਤਾਰ॥	ਏਹਿ: ਲਾਂ ਲੰਬੀ ਬੋਲ ਕੇ ਹਾਹੇ ਸਿਹਾਰੀ ਲਘੂ ਬੋਲੋ	Eaehi Bh Dhaath Thaeree Dhaathaar ||	Even these are Your Gifts, O Great Giver!	(ਪਰ) ਹੇ ਦੇਣਹਾਰ ਅਕਾਲ ਪੁਰਖ! ਇਹ ਭੀ ਤੇਰੀ ਬਖ਼ਸ਼ਸ਼ ਹੀ ਹੈ (ਕਿਉਂਕਿ ਇਹਨਾਂ ਦੁੱਖਾਂ ਕਲੇਸ਼ਾਂ ਦੇ ਕਾਰਨ ਹੀ ਮਨੁੱਖ ਨੂੰ ਰਜ਼ਾ ਵਿਚ ਤੁਰਨ ਦੀ ਸਮਝ ਪੈਂਦੀ ਹੈ)।
234	5	ਬੰਦਿ ਖਲਾਸੀ ਭਾਣੈ ਹੋਇ॥	(ਬੰਦਿ) ਬੰਧਨਾਂ ਤੋਂ (ਖਲਾਸੀ) ਛੁਟਕਾਰਾ	Bandh Khalaasee Bhaanai Hoe ||	Liberation from bondage comes only by Your Will.	ਤੇ (ਮਾਇਆ ਦੇ ਮੋਹ ਰੂਪ) ਬੰਧਨ ਤੋਂ ਛੁਟਕਾਰਾ ਅਕਾਲ ਪੁਰਖ ਦੀ ਰਜ਼ਾ ਵਿਚ ਤੁਰਿਆਂ ਹੀ ਹੁੰਦਾ ਹੈ।
235	5	ਹੋਰੁ ਆਖਿ ਨ ਸਕੈ ਕੋਇ॥		Hor Aakh N Sakai Koe ||	No one else has any say in this.	ਰਜ਼ਾ ਤੋਂ ਬਿਨਾ ਕੋਈ ਹੋਰ ਤਰੀਕਾ ਕੋਈ ਮਨੁੱਖ ਨਹੀਂ ਦੱਸ ਸਕਦਾ (ਭਾਵ, ਕੋਈ ਮਨੁੱਖ ਨਹੀਂ ਦੱਸ ਸਕਦਾ ਕਿ ਰਜ਼ਾ ਵਿਚ ਤੁਰਨ ਤੋਂ ਬਿਨਾ ਮੋਹ ਤੋਂ ਛੁਟਕਾਰੇ ਦਾ ਕੋਈ ਹੋਰ ਵਸੀਲਾ ਭੀ ਹੋ ਸਕਦਾ ਹੈ)।

236	5	ਜੇ ਕੋ ਖਾਇਕੁ ਆਖਣਿ ਪਾਇ॥	(ਖਾਇਕੁ) ਮੂਰਖ	Jae Ko Khaaeik Aakhan Paae ||	If some fool should presume to say that he does,	(ਪਰ) ਜੇ ਕੋਈ ਮੂਰਖ (ਮਾਇਆ ਦੇ ਮੋਹ ਤੋਂ ਛੁਟਕਾਰੇ ਦਾ ਕੋਈ ਹੋਰ ਵਸੀਲਾ) ਦੱਸਣ ਦਾ ਜਤਨ ਕਰੇ,
237	5	ਓਹੁ ਜਾਣੈ ਜੇਤੀਆ ਮੁਹਿ ਖਾਇ॥	(ਜੇਤੀਆ) ਜਿਤਨੀਆਂ	Ouhu Jaanai Jaetheeaa Muhi Khaae ||	He shall learn, and feel the effects of his folly.	ਤਾਂ ਉਹੀ ਜਾਣਦਾ ਹੈ ਜਿਤਨੀਆਂ ਚੋਟਾਂ ਉਹ (ਇਸ ਮੂਰਖਤਾ ਦੇ ਕਾਰਨ) ਆਪਣੇ ਮੂੰਹ ਉੱਤੇ ਖਾਂਦਾ ਹੈ (ਭਾਵ, 'ਕੂੜ' ਤੋਂ ਬਚਣ ਲਈ ਇਕੋ ਹੀ ਤਰੀਕਾ ਹੈ ਕਿ ਮਨੁੱਖ ਰਜ਼ਾ ਵਿਚ ਤੁਰੇ। ਪਰ ਜੇ ਕੋਈ ਮੂਰਖ ਕੋਈ ਹੋਰ ਤਰੀਕਾ ਭਾਲਦਾ ਹੈ ਤਾਂ ਇਸ 'ਕੂੜ' ਤੋਂ ਬਚਣ ਦੇ ਥਾਂ ਸਗੋਂ ਵਧੀਕ ਦੁਖੀ ਹੁੰਦਾ ਹੈ)।
238	5	ਆਪੇ ਜਾਣੈ ਆਪੇ ਦੇਇ॥		Aapae Jaanai Aapae Dhaee ||	He Himself knows, He Himself gives.	'ਅਕਾਲ ਪੁਰਖ ਆਪ ਹੀ (ਜੀਵਾਂ ਦੀਆਂ ਲੋੜਾਂ) ਜਾਣਦਾ ਹੈ ਤੇ ਆਪ ਹੀ (ਦਾਤਾਂ) ਦੇਂਦਾ ਹੈ',
239	5	ਆਖਹਿ ਸਿ ਭਿ ਕੇਈ ਕੇਇ॥		Aakhehi S Bh Kaeee Kaee ||	Few, very few are those who acknowledge this.	ਅਨੇਕਾਂ ਮਨੁੱਖ ਇਹ ਗੱਲ ਭੀ ਆਖਦੇ ਹਨ। (ਸਾਰੇ ਨ-ਸ਼ੁਕਰੇ ਹੀ ਨਹੀਂ ਹਨ)
240	5	ਜਿਸ ਨੋ ਬਖਸੇ ਸਿਫਤਿ ਸਾਲਾਹ॥	ਪਾਤਿਸਾਹੀ ਪਾਤਿਸਾਹੁ, ਸੱਸਿਆਂ ਪੈਰਾਂ ਚ ਬਿੰਦੀਆਂ ਨਹੀਂ ਲਾਉਣੀਆਂ	Jis No Bakhasae Sifath Saalaah ||	One who is blessed to sing the Praises of the Lord,	ਹੇ ਨਾਨਕ! ਜਿਸ ਮਨੁੱਖ ਨੂੰ ਅਕਾਲ ਪੁਰਖ ਆਪਣੀ ਸਿਫ਼ਤ-ਸਾਲਾਹ ਬਖਸ਼ਦਾ ਹੈ,

241	5	ਨਾਨਕ ਪਾਤਿਸਾਹੀ ਪਾਤਿਸਾਹੁ॥੨੫॥		Naanak Paathisaahee Paathisaahu ||25||	O Nanak, is the king of kings. ||25||	ਉਹ ਪਾਤਸ਼ਾਹਾਂ ਦਾ ਪਾਤਸ਼ਾਹ (ਬਣ ਜਾਂਦਾ) ਹੈ (ਸਿਫ਼ਤ-ਸਾਲਾਹ ਹੀ ਸਭ ਤੋਂ ਉੱਚੀ ਦਾਤ ਹੈ) ॥੨੫॥
242	5	ਅਮੁਲ ਗੁਣ ਅਮੁਲ ਵਾਪਾਰ॥	(ਅਮੁੱਲ) ਅਮੋਲਕ। ਅਮੁੱਲ, ਅਮੁੱਲਿ, ਅਮੁੱਲਾ, ਅਮੁੱਲੁ, ਅਮੁੱਲੋ: ਅਧਕ ਨਾਲ ਬੋਲੋ ।ਅਮੁਲ: ਲੱਲੇ ਔਂਕੜ ਨਹੀਂ ਲਾਉਣਾ	Amul Gun Amul Vaapaar ||	Priceless are His Virtues, Priceless are His Dealings.	(ਅਕਾਲ ਪੁਰਖ ਦੇ) ਗੁਣ ਅਮੋਲਕ ਹਨ (ਭਾਵ, ਗੁਣਾਂ ਦਾ ਮੁੱਲ ਨਹੀਂ ਪੈ ਸਕਦਾ।) (ਇਹਨਾਂ ਗੁਣਾਂ ਦੇ) ਵਪਾਰ ਕਰਨੇ ਭੀ ਅਮੋਲਕ ਹਨ।
243	5	ਅਮੁਲ ਵਾਪਾਰੀਏ ਅਮੁਲ ਭੰਡਾਰ॥		Amul Vaapaareeeae Amul Bhanddaar ||	Priceless are His Dealers, Priceless are His Treasures.	ਉਹਨਾਂ ਮਨੁੱਖਾਂ ਦਾ (ਭੀ) ਮੁੱਲ ਨਹੀਂ ਪੈ ਸਕਦਾ, ਜੋ (ਅਕਾਲ ਪੁਰਖ ਦੇ ਗੁਣਾਂ ਦੇ) ਵਪਾਰ ਕਰਦੇ ਹਨ, (ਗੁਣਾਂ ਦੇ) ਖ਼ਜ਼ਾਨੇ (ਭੀ) ਅਮੋਲਕ ਹਨ।
244	5	ਅਮੁਲ ਆਵਹਿ ਅਮੁਲ ਲੈ ਜਾਹਿ॥		Amul Aavehi Amul Lai Jaahi ||	Priceless are those who come to Him, Priceless are those who buy from Him.	ਉਹਨਾਂ ਮਨੁੱਖਾਂ ਦਾ ਮੁੱਲ ਨਹੀਂ ਪੈ ਸਕਦਾ, ਜੋ (ਇਸ ਵਪਾਰ ਲਈ ਜਗਤ ਵਿਚ) ਆਉਂਦੇ ਹਨ। ਉਹ ਭੀ ਵੱਡੇ ਭਾਗਾਂ ਵਾਲੇ ਹਨ, ਜੋ (ਇਹ ਸੌਦਾ ਖ਼ਰੀਦ ਕੇ) ਲੈ ਜਾਂਦੇ ਹਨ।
245	5	ਅਮੁਲ ਭਾਇ ਅਮੁਲਾ ਸਮਾਹਿ॥		Amul Bhaae Amulaa Samaahi ||	Priceless is Love for Him, Priceless is absorption into Him.	ਜੋ ਮਨੁੱਖ ਅਕਾਲ ਪੁਰਖ ਦੇ ਪ੍ਰੇਮ ਵਿਚ ਹਨ ਅਤੇ ਜੋ ਮਨੁੱਖ ਉਸ ਅਕਾਲ ਪੁਰਖ ਵਿਚ ਲੀਨ ਹੋਏ ਹੋਏ ਹਨ, ਉਹ ਭੀ ਅਮੋਲਕ ਹਨ।

246	5	ਅਮੁਲੁ ਧਰਮੁ ਅਮੁਲੁ ਦੀਬਾਣੁ॥	ਅਮੁੱਲੁ: ਅਧਕ ਨਾਲ ਬੋਲੋ	Amul Dhharam Amul Dheebaan ||	Priceless is the Divine Law of Dharma, Priceless is the Divine Court of Justice.	ਅਕਾਲ ਪੁਰਖ ਦੇ ਕਨੂੰਨ ਤੇ ਰਾਜ-ਦਰਬਾਰ ਅਮੋਲਕ ਹਨ।
247	5	ਅਮੁਲੁ ਤੁਲੁ ਅਮੁਲੁ ਪਰਵਾਣੁ॥	(ਤੁੱਲੁ) ਤੱਕੜੀ। (ਪਰਵਾਣੁ) ਤੋਲਣ ਵਾਲੇ ਵੱਟੇ।ਅਮੁਲੁ,ਤੁਲੁ ਲੱਲਿਆਂ ਔਂਕੜ ਬੋਲੋ।	Amul Thul Amul Paravaan ||	Priceless are the scales, priceless are the weights.	ਉਹ ਤੱਕੜ ਅਮੋਲਕ ਹਨ ਤੇ ਉਹ ਵੱਟਾ ਅਮੋਲਕ ਹੈ (ਜਿਸ ਨਾਲ ਜੀਵਾਂ ਦੇ ਚੰਗੇ-ਮੰਦੇ ਕੰਮਾਂ ਨੂੰ ਤੋਲਦਾ ਹੈ)।
248	5	ਅਮੁਲੁ ਬਖਸੀਸ ਅਮੁਲੁ ਨੀਸਾਣੁ॥		Amul Bakhasees Amul Neesaan ||	Priceless are His Blessings, Priceless is His Banner and Insignia.	ਉਸ ਦੀ ਬਖ਼ਸ਼ਸ਼ ਤੇ ਬਖ਼ਸ਼ਸ਼ ਦੇ ਨਿਸ਼ਾਨ ਭੀ ਅਮੋਲਕ ਹਨ।
249	5	ਅਮੁਲੁ ਕਰਮੁ ਅਮੁਲੁ ਫੁਰਮਾਣੁ॥	(ਫੁਰਮਾਣੁ) ਹੁਕਮ	Amul Karam Amul Furamaan ||	Priceless is His Mercy, Priceless is His Royal Command.	ਅਕਾਲ ਪੁਰਖ ਦੀ ਬਖਸ਼ਸ਼ ਤੇ ਹੁਕਮ ਭੀ ਮੁੱਲ ਤੋਂ ਪਰੇ ਹਨ (ਕਿਸੇ ਦਾ ਭੀ ਅੰਦਾਜ਼ਾ ਨਹੀਂ ਲੱਗ ਸਕਦਾ)।
250	5	ਅਮੁਲੋ ਅਮੁਲੁ ਆਖਿਆ ਨ ਜਾਇ॥		Amulo Amul Aakhiaa N Jaae ||	Priceless, O Priceless beyond expression!	ਅਕਾਲ ਪੁਰਖ ਸਭ ਅੰਦਾਜ਼ਿਆਂ ਤੋਂ ਪਰੇ ਹੈ, ਉਸ ਦਾ ਕੋਈ ਅੰਦਾਜ਼ਾ ਨਹੀਂ ਲੱਗ ਸਕਦਾ।
251	5	ਆਖਿ ਆਖਿ ਰਹੇ ਲਿਵ ਲਾਇ॥		Aakh Aakh Rehae Liv Laae ||	Speak of Him continually, and remain absorbed in His Love.	ਜੋ ਮਨੁੱਖ ਧਿਆਨ ਜੋੜ ਜੋੜ ਕੇ ਅਕਾਲ ਪੁਰਖ ਦਾ ਅੰਦਾਜ਼ਾ ਲਾਂਦੇ ਹਨ, ਉਹ (ਅੰਤ ਨੂੰ) ਰਹਿ ਜਾਂਦੇ ਹਨ।
252	5	ਆਖਹਿ ਵੇਦ ਪਾਠ ਪੁਰਾਣ॥	ਆਖ-ਹਿ: ਖੱਖਾ ਮੁਕਤਾ ਬੋਲਣਾ, ਦੁਲਾਂ ਨਹੀਂ ਲਾਉਣੀਆਂ	Aakhehi Vaedh Paath Puraan ||	The Vedas and the Puraanas speak.	ਵੇਦਾਂ ਦੇ ਮੰਤਰ ਤੇ ਪੁਰਾਣ ਅਕਾਲ ਪੁਰਖ ਦਾ ਅੰਦਾਜ਼ਾ ਲਾਂਦੇ ਹਨ।

253	5	ਆਖਹਿ ਪੜੇ ਕਰਹਿ ਵਖਿਆਣ॥		Aakhehi Parrae Karehi Vakhiaan ||	The scholars speak and lecture.	ਵਿਦਵਾਨ ਮਨੁੱਖ ਭੀ, ਜੋ (ਹੋਰਨਾਂ ਨੂੰ) ਉਪਦੇਸ਼ ਕਰਦੇ ਹਨ, (ਅਕਾਲ ਪੁਰਖ ਦਾ) ਬਿਆਨ ਕਰਦੇ ਹਨ।
254	5	ਆਖਹਿ ਬਰਮੇ ਆਖਹਿ ਇੰਦ॥		Aakhehi Baramae Aakhehi Eindh ||	Brahma speaks, Indra speaks.	ਕਈ ਬ੍ਰਹਮਾ, ਕਈ ਇੰਦਰ ਅਕਾਲ ਪੁਰਖ ਦੀ ਵਡਿਆਈ ਆਖਦੇ ਹਨ।
255	6	ਆਖਹਿ ਗੋਪੀ ਤੈ ਗੋਵਿੰਦ॥	(ਤੈ) ਅਤੇ	Aakhehi Gopee Thai Govindh ||	The Gopis and Krishna speak.	ਗੋਪੀਆਂ ਤੇ ਕਈ ਕਾਨ੍ਹ ਅਕਾਲ ਪੁਰਖ ਦਾ ਅੰਦਾਜ਼ਾ ਲਾਂਦੇ ਹਨ।
256	6	ਆਖਹਿ ਈਸਰ ਆਖਹਿ ਸਿਧ॥		Aakhehi Eesar Aakhehi Sidhh ||	Shiva speaks, the Siddhas speak.	ਕਈ ਸ਼ਿਵ ਤੇ ਸਿੱਧ ਅਕਾਲ ਪੁਰਖ ਦੀ ਵਡਿਆਈ ਆਖਦੇ ਹਨ।
257	6	ਆਖਹਿ ਕੇਤੇ ਕੀਤੇ ਬੁਧ॥	(ਬੁੱਧ) ਬੁੱਧੀਵਾਨ, ਬੁੱਧ ਨਛੱਤਰ, ਬੋਧਾਅਵਤਾਰ	Aakhehi Kaethae Keethae Budhh ||	The many created Buddhas speak.	ਅਕਾਲ ਪੁਰਖ ਦੇ ਪੈਦਾ ਕੀਤੇ ਹੋਏ ਬੇਅੰਤ ਬੁੱਧ ਉਸ ਦੀ ਵਡਿਆਈ ਆਖਦੇ ਹਨ।
258	6	ਆਖਹਿ ਦਾਨਵ ਆਖਹਿ ਦੇਵ॥		Aakhehi Dhaanav Aakhehi Dhaev ||	The demons speak, the demi-gods speak.	ਰਾਖਸ਼ ਤੇ ਦੇਵਤੇ (ਵੀ) ਅਕਾਲ ਪੁਰਖ ਦੀ ਵਡਿਆਈ ਆਖਦੇ ਹਨ।
259	6	ਆਖਹਿ ਸੁਰਿ ਨਰ ਮੁਨਿ ਜਨ ਸੇਵ॥	ਆਪ ਜੀ ਤੋਂ ਅਪਣੇ ਸੀਸ ਕੁਰਬਾਨ ਕਰਨ ਵਾਲੇ ਅਨੇਕ (ਸੇਵ) ਸੇਵਕ	Aakhehi Sur Nar Mun Jan Saev ||	The spiritual warriors, the heavenly beings, the silent sages, the humble and serviceful speak.	ਦੇਵਤਾ-ਸੁਭਾਉ ਮਨੁੱਖ, ਮੁਨੀ ਲੋਕ ਤੇ ਸੇਵਕ ਅਕਾਲ ਪੁਰਖ ਦਾ ਅੰਦਾਜ਼ਾ ਲਾਂਦੇ ਹਨ।
260	6	ਕੇਤੇ ਆਖਹਿ ਆਖਣਿ ਪਾਹਿ॥		Kaethae Aakhehi Aakhan Paahi ||	Many speak and try to describe Him.	ਬੇਅੰਤ ਜੀਵ ਅਕਾਲ ਪੁਰਖ ਦਾ ਅੰਦਾਜ਼ਾ ਲਾ ਰਹੇ ਹਨ, ਅਤੇ ਬੇਅੰਤ ਹੀ ਲਾਉਣ ਦਾ ਜਤਨ ਕਰ ਰਹੇ ਹਨ।

261	6	ਕੇਤੇ ਕਹਿ ਕਹਿ ਉਠਿ ਉਠਿ ਜਾਹਿ॥	ਕਹਿ: ਕੱਕਾ ਮੁਕਤਾ ਹਾਹੇ ਸਿਹਾਰੀ ਬੋਲੋ। ਉੱਠਿ ਉੱਠਿ: ਸਿਹਾਰੀਆਂ ਲਾਉ	Kaethae Kehi Kehi Outh Outh Jaahi ||	Many have spoken of Him over and over again, and have then arisen and departed.	ਬੇਅੰਤ ਜੀਵ ਅੰਦਾਜ਼ਾ ਲਾ ਲਾ ਕੇ ਇਸ ਜਗਤ ਤੋਂ ਤੁਰੇ ਜਾ ਰਹੇ ਹਨ।
262	6	ਏਤੇ ਕੀਤੇ ਹੋਰਿ ਕਰੇਹਿ॥	ਏੱਤੇ। ਕ-ਰੇਹਿ: ਰਾਰੇ ਲਾਂ ਲੰਬੀ ਬੋਲ ਕੇ ਹਿ ਬੋਲੋ	Eaethae Keethae Hor Karaehi ||	If He were to create as many again as there already are,	ਜਗਤ ਵਿਚ ਇਤਨੇ (ਬੇਅੰਤ) ਜੀਵ ਪੈਦਾ ਕੀਤੇ ਹੋਏ ਹਨ (ਜੋ ਬਿਆਨ ਕਰ ਰਹੇ ਹਨ), (ਪਰ ਹੇ ਹਰੀ!) ਜੇ ਤੂੰ ਹੋਰ ਭੀ (ਬੇਅੰਤ ਜੀਵ) ਪੈਦਾ ਕਰ ਦੇਵੇਂ,
263	6	ਤਾ ਆਖਿ ਨ ਸਕਹਿ ਕੇਈ ਕੇਇ॥	ਤਾ: ਤਾਂ ਬੋਲੋ, ਤਾ ਦਾ ਅਰਥ ਸੇਕ ਹੈ। ਸਕ-ਹਿ: ਪੋਲਾ ਬੋਲੋ	Thaa Aakh N Sakehi Kaeee Kaee ||	Even then, they could not describe Him.	ਤਾਂ ਭੀ ਕੋਈ ਜੀਵ ਤੇਰਾ ਅੰਦਾਜ਼ਾ ਨਹੀਂ ਲਾ ਸਕਦੇ।
264	6	ਜੇਵਡੁ ਭਾਵੈ ਤੇਵਡੁ ਹੋਇ॥	ਜੇਵੱਡੁ, ਤੇਵੱਡੁ	Jaevadd Bhaavai Thaevadd Hoe ||	He is as Great as He wishes to be.	ਹੇ ਨਾਨਕ! ਪਰਮਾਤਮਾ ਜਿਤਨਾ ਚਾਹੁੰਦਾ ਹੈ ਉਤਨਾ ਹੀ ਵੱਡਾ ਹੋ ਜਾਂਦਾ ਹੈ (ਆਪਣੀ ਕੁਦਰਤ ਵਧਾ ਲੈਂਦਾ ਹੈ)।
265	6	ਨਾਨਕ ਜਾਣੈ ਸਾਚਾ ਸੋਇ॥		Naanak Jaanai Saachaa Soe ||	O Nanak, the True Lord knows.	ਉਹ ਸਦਾ-ਥਿਰ ਰਹਿਣ ਵਾਲਾ ਹਰੀ ਆਪ ਹੀ ਜਾਣਦਾ ਹੈ (ਕਿ ਉਹ ਕੇਡਾ ਵੱਡਾ ਹੈ)।
266	6	ਜੇ ਕੋ ਆਖੈ ਬੋਲੁ ਵਿਗਾੜੁ॥		Jae Ko Aakhai Boluvigaarr ||	If anyone presumes to describe God,	ਜੇ ਕੋਈ ਬੜਬੋਲਾ ਮਨੁੱਖ ਦੱਸਣ ਲੱਗੇ (ਕਿ ਅਕਾਲ ਪੁਰਖ ਕਿਤਨਾ ਵੱਡਾ ਹੈ)
267	6	ਤਾ ਲਿਖੀਐ ਸਿਰਿ ਗਾਵਾਰਾ ਗਾਵਾਰੁ॥੨੬॥	(ਸਿਰਿ) ਸ਼੍ਰੋਮਣੀ। (ਗਾ-ਵਾ-ਰਾ) ਮੂਰਖ	Thaa Likheeai Sir Gaavaaraa Gaavaar ||26||	He shall be known as the greatest fool of fools! ||26||	ਤਾਂ ਉਹ ਮਨੁੱਖ ਮੂਰਖਾਂ-ਸਿਰ-ਮੂਰਖ ਗਿਣਿਆ ਜਾਂਦਾ ਹੈ ॥੨੬॥

268	6	ਸੋ ਦਰੁ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ ਸਮਾਲੇ॥		So Dhar Kaehaa So Ghar Kaehaa Jith Behi Sarab Samaalae ||	Where is that Gate, and where is that Dwelling, in which You sit and take care of all?	ਉਹ ਦਰ-ਘਰ ਬੜਾ ਹੀ ਅਸਚਰਜ ਹੈ ਜਿੱਥੇ ਬਹਿ ਕੇ, (ਹੇ ਨਿਰੰਕਾਰ!) ਤੂੰ ਸਾਰੇ ਜੀਵਾਂ ਦੀ ਸੰਭਾਲ ਕਰ ਰਿਹਾ ਹੈਂ।
269	6	ਵਾਜੇ ਨਾਦ ਅਨੇਕ ਅਸੰਖਾ ਕੇਤੇ ਵਾਵਣਹਾਰੇ॥	(ਵਾਵਣ-ਹਾਰੇ) ਵਜਾਉਣ ਵਾਲੇ	Vaajae Naadh Anaek Asankhaa Kaethae Vaavanehaarae ||	The Sound-current of the Naad vibrates there, and countless musicians play on all sorts of instruments there.	(ਤੇਰੀ ਇਸ ਰਚੀ ਹੋਈ ਕੁਦਰਤ ਵਿਚ) ਅਨੇਕਾਂ ਤੇ ਅਣਗਿਣਤ ਵਾਜੇ ਤੇ ਰਾਗ ਹਨ; ਬੇਅੰਤ ਹੀ ਜੀਵ (ਉਹਨਾਂ ਵਾਜਿਆਂ ਨੂੰ) ਵਜਾਣ ਵਾਲੇ ਹਨ।
270	6	ਕੇਤੇ ਰਾਗ ਪਰੀ ਸਿਉ ਕਹੀਅਨਿ ਕੇਤੇ ਗਾਵਣਹਾਰੇ॥		Kaethae Raag Paree Sio Keheean Kaethae Gaavanehaarae ||	So many Ragas, so many musicians singing there.	ਰਾਗਣੀਆਂ ਸਣੇ ਬੇਅੰਤ ਹੀ ਰਾਗ ਕਹੇ ਜਾਂਦੇ ਹਨ ਅਤੇ ਅਨੇਕਾਂ ਹੀ ਜੀਵ (ਇਹਨਾਂ ਰਾਗਾਂ ਦੇ) ਗਾਉਣ ਵਾਲੇ ਹਨ (ਜੋ ਤੈਨੂੰ ਗਾ ਰਹੇ ਹਨ)!
271	6	ਗਾਵਹਿ ਤੁਹਨੋ ਪਉਣੁ ਪਾਣੀ ਬੈਸੰਤਰੁ ਗਾਵੈ ਰਾਜਾਧਰਮੁ ਦੁਆਰੇ॥	ਗਾਵ-ਹਿ: ਵਾਵੇ ਦੁਲਾਵਾਂ ਨਹੀਂ ਲਾਉਣੀਆਂ, ਮੁਕਤਾ ਬੋਲੋ, ਹਾਹੇ ਸਿਹਾਰੀ ਲਾਉ। ਪਉਣੁ ਦੇ ਣਾਣੇ ਔਂਕੜ ਲਾਉ।	Gaavehi Thuhano Poun Paanee Baisanthar Gaavai Raajaa Dhharam Dhuaarae ||	The praanic wind, water and fire sing; the Righteous Judge of Dharma sings at Your Door.	(ਹੇ ਨਿਰੰਕਾਰ!) ਪਉਣ, ਪਾਣੀ, ਅਗਨੀ ਤੇਰੇ ਗੁਣ ਗਾ ਰਹੇ ਹਨ। ਧਰਮ-ਰਾਜ ਤੇਰੇ ਦਰ 'ਤੇ (ਖਲੋ ਕੇ) ਤੈਨੂੰ ਵਡਿਆਇ ਰਿਹਾ ਹੈ।

272	6	ਗਾਵਹਿ ਚਿਤੁ ਗੁਪਤੁ ਲਿਖਿ ਜਾਣਹਿ ਲਿਖਿ ਲਿਖਿ ਧਰਮੁ ਵੀਚਾਰੇ॥	ਚਿੱਤੁ, ਗੁਪਤੁ: ਪੋਲਾ ਬੋਲੋ, ਤੱਤੇ ਔਂਕੜਲਾਉ, ਪੱਪਾ ਮੁਕਤਾ ਹੈ	Gaavehi Chith Gupath Likh Jaanehi Likh Likh Dhharam Veechaarae ||	Chitr and Gupt, the angels of the conscious and the subconscious who record actions, and the Righteous Judge of Dharma who judges this record sing.	ਉਹ ਚਿੱਤਰ-ਗੁਪਤ ਭੀ ਜੋ (ਜੀਵਾਂ ਦੇ ਚੰਗੇ-ਮੰਦੇ ਕਰਮਾਂ ਦੇ ਲੇਖੇ) ਲਿਖਣੇ ਜਾਣਦੇ ਹਨ, ਅਤੇ ਜਿਨ੍ਹਾਂ ਦੇ ਲਿਖੇ ਹੋਏ ਨੂੰ ਧਰਮ-ਰਾਜ ਵਿਚਾਰਦਾ ਹੈ, ਤੇਰੀਆਂ ਵਡਿਆਈਆਂ ਕਰ ਰਹੇ ਹਨ।
273	6	ਗਾਵਹਿ ਈਸਰੁ ਬਰਮਾ ਦੇਵੀ ਸੋਹਨਿ ਸਦਾ ਸਵਾਰੇ॥	(ਸੋਹਨਿ) ਸੋਭਦੇ ਹਨ	Gaavehi Eesar Baramaa Dhaevee Sohan Sadhaa Savaarae ||	Shiva, Brahma and the Goddess of Beauty, ever adorned, sing.	(ਹੇ ਅਕਾਲ ਪੁਰਖ!) ਦੇਵੀਆਂ, ਸ਼ਿਵ ਤੇ ਬ੍ਰਹਮਾ, ਜੋ ਤੇਰੇ ਸਵਾਰੇ ਹੋਏ ਹਨ, ਤੈਨੂੰ ਗਾ ਰਹੇ ਹਨ।
274	6	ਗਾਵਹਿ ਇੰਦ ਇਦਾਸਣਿ ਬੈਠੇ ਦੇਵਤਿਆ ਦਰਿ ਨਾਲੇ॥	(ਦਰਿ) ਸਭਾ, ਮੰਡਲੀ। ਨੱਾਲੇ	Gaavehi Eindh Eidhaasan Baithae Dhaevathiaa Dhar Naalae ||	Indra, seated upon His Throne, sings with the deities at Your Door.	ਕਈ ਇੰਦਰ ਆਪਣੇ ਤਖ਼ਤ 'ਤੇ ਬੈਠੇ ਹੋਏ ਦੇਵਤਿਆਂ ਸਮੇਤ ਤੇਰੇ ਦਰ 'ਤੇ ਤੈਨੂੰ ਸਲਾਹ ਰਹੇ ਹਨ।
275	6	ਗਾਵਹਿ ਸਿਧ ਸਮਾਧੀ ਅੰਦਰਿ ਗਾਵਨਿ ਸਾਧ ਵਿਚਾਰੇ॥		Gaavehi Sidhh Samaadhhee Andhar Gaavan Saadhh Vichaarae ||	The Siddhas in Samaadhi sing; the Saadhus sing in contemplation.	ਸਿੱਧ ਲੋਕ ਸਮਾਧੀਆਂ ਲਾ ਕੇ ਤੈਨੂੰ ਗਾ ਰਹੇ ਹਨ, ਸਾਧ ਵਿਚਾਰ ਕਰ ਕਰ ਕੇ ਤੈਨੂੰ ਸਲਾਹ ਰਹੇ ਹਨ।

276	6	ਗਾਵਨਿ ਜਤੀ ਸਤੀ ਸੰਤੋਖੀ ਗਾਵਹਿ ਵੀਰ ਕਰਾਰੇ॥	(ਕਰਾਰੇ) ਤਕੜੇ (ਵੀਰ) ਸੂਰਮੇ। ਜਤੀ ਸਤੀ: ਪੋਲੇ ਬੋਲੋ	Gaavan Jathee Sathee Santhokhee Gaavehi Veer Karaarae ||	The celibates, the fanatics, the peacefully accepting and the fearless warriors sing.	ਜਤ-ਧਾਰੀ, ਦਾਨ ਕਰਨ ਵਾਲੇ ਤੇ ਸੰਤੋਖ ਵਾਲੇ ਪੁਰਸ਼ ਤੇਰੇ ਗੁਣ ਗਾ ਰਹੇ ਹਨ ਅਤੇ (ਬੇਅੰਤ) ਤਕੜੇ ਸੂਰਮੇ ਤੇਰੀਆਂ ਵਡਿਆਈਆਂ ਕਰ ਰਹੇ ਹਨ।
277	6	ਗਾਵਨਿ ਪੰਡਿਤ ਪੜਨਿ ਰਖੀਸਰ ਜੁਗੁ ਜੁਗੁ ਵੇਦਾ ਨਾਲੇ॥	(ਰਖੀਸਰ) ਵੱਡੇ ਰਿਖੀ। ਪੜ੍ਨਿ। ਜੁੱਗੁ ਜੁੱਗੁ। ਨੱਾਲੇ	Gaavan Panddith Parran Rakheesar Jug Jug Vaedhaa Naalae ||	The Pandits, the religious scholars who recite the Vedas, with the supreme sages of all the ages, sing.	(ਹੇ ਅਕਾਲ ਪੁਰਖ!) ਪੰਡਿਤ ਤੇ ਮਹਾਂਰਿਖੀ ਜੋ (ਵੇਦਾਂ ਨੂੰ) ਪੜ੍ਹਦੇ ਹਨ, ਵੇਦਾਂ ਸਣੇ ਤੈਨੂੰ ਗਾ ਰਹੇ ਹਨ।
278	6	ਗਾਵਹਿ ਮੋਹਣੀਆ ਮਨੁ ਮੋਹਨਿ ਸੁਰਗਾ ਮਛ ਪਇਆਲੇ॥	(ਮੱਛ) ਮਾਤ ਲੋਕ। (ਪਇਆਲੇ) ਪਤਾਲ ਲੋਕ। ਪ-ਇਆਲੇ ਪੱਪਾ ਮੁਕਤਾ ਬੋਲੋ, ਪੱਪੇ ਸਿਹਾਰੀ ਨਹੀਂ ਲਾਉਣੀ।	Gaavehi Mohaneeaa Man Mohan Suragaa Mashh Paeiaalae ||	The Mohinis, the enchanting heavenly beauties who entice hearts in this world, in paradise, and in the underworld of the subconscious sing.	ਸੁੰਦਰ ਇਸਤ੍ਰੀਆਂ, ਜੋ ਸੁਰਗ, ਮਾਤ-ਲੋਕ ਤੇ ਪਾਤਾਲ ਵਿਚ (ਭਾਵ, ਹਰ ਥਾਂ) ਮਨੁੱਖ ਦੇ ਮਨ ਨੂੰ ਮੋਹ ਲੈਂਦੀਆਂ ਹਨ, ਤੈਨੂੰ ਗਾ ਰਹੀਆਂ ਹਨ।
279	6	ਗਾਵਨਿ ਰਤਨ ਉਪਾਏ ਤੇਰੇ ਅਠਸਠਿ ਤੀਰਥ ਨਾਲੇ॥		Gaavan Rathan Oupaaeae Thaerae Athasath Theerathh Naalae ||	The celestial jewels created by You, and the sixty-eight holy places of pilgrimage sing.	(ਹੇ ਨਿਰੰਕਾਰ!) ਤੇਰੇ ਪੈਦਾ ਕੀਤੇ ਹੋਏ ਰਤਨ ਅਠਾਹਠ ਤੀਰਥਾਂ ਸਮੇਤ ਤੈਨੂੰ ਗਾ ਰਹੇ ਹਨ।

280	6	ਗਾਵਹਿ ਜੋਧ ਮਹਾ ਬਲ ਸੂਰਾ ਗਾਵਹਿ ਖਾਣੀ ਚਾਰੇ॥	ਮਹਾ ਬਲ: ਪੋਲਾ ਬੋਲੋ	Gaavehi Jodhh Mehaabal Sooraa Gaavehi Khaanee Chaarae ||	The brave and mighty warriors sing; the spiritual heroes and the four sources of creation sing.	ਵੱਡੇ ਬਲ ਵਾਲੇ ਜੋਧੇ ਤੇ ਸੂਰਮੇ ਤੇਰੀ ਸਿਫ਼ਤ ਕਰ ਰਹੇ ਹਨ। ਚੌਹਾਂ ਹੀ ਖਾਣੀਆਂ ਦੇ ਜੀਅ ਜੰਤ ਤੈਨੂੰ ਗਾ ਰਹੇ ਹਨ।
281	6	ਗਾਵਹਿ ਖੰਡ ਮੰਡਲ ਵਰਭੰਡਾ ਕਰਿ ਕਰਿ ਰਖੇ ਧਾਰੇ॥		Gaavehi Khandd Manddal Varabhanddaa Kar Kar Rakhae Dhhaarae ||	The planets, solar systems and galaxies, created and arranged by Your Hand, sing.	ਸਾਰੀ ਸ੍ਰਿਸ਼ਟੀ, ਸ੍ਰਿਸ਼ਟੀ ਦੇ ਸਾਰੇ ਖੰਡ ਅਤੇ ਚੱਕਰ, ਜੋ ਤੂੰ ਪੈਦਾ ਕਰ ਕੇ ਟਿਕਾ ਰਖੇ ਹਨ, ਤੈਨੂੰ ਗਾਉਂਦੇ ਹਨ।
282	6	ਸੇਈ ਤੁਧੁਨੋ ਗਾਵਹਿ ਜੋ ਤੁਧੁ ਭਾਵਨਿ ਰਤੇ ਤੇਰੇ ਭਗਤ ਰਸਾਲੇ॥	(ਰਸਾਲੇ) ਪ੍ਰੇਮ ਰਸ ਦੇ ਘਰ। ਤੁਧੁ-ਨੋ: ਧੱਦੇ ਔਂਕੜ ਲਾਓ। ਰੱਤੇ	Saeee Thudhhuno Gaavehi Jo Thudhh Bhaavan Rathae Thaerae Bhagath Rasaalae ||	They alone sing, who are pleasing to Your Will. Your devotees are imbued with the Nectar of Your Essence.	(ਹੇ ਅਕਾਲ ਪੁਰਖ!) (ਅਸਲ ਵਿਚ ਤਾਂ) ਉਹੋ ਤੇਰੇ ਪ੍ਰੇਮ ਵਿਚ ਰੱਤੇ ਰਸੀਏ ਭਗਤ ਜਨ ਤੈਨੂੰ ਗਾਉਂਦੇ ਹਨ (ਭਾਵ, ਉਹਨਾਂ ਦਾ ਹੀ ਗਾਉਣਾ ਸਫਲ ਹੈ) ਜੋ ਤੈਨੂੰ ਚੰਗੇ ਲੱਗਦੇ ਹਨ।
283	6	ਹੋਰਿ ਕੇਤੇ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਵੀਚਾਰੇ॥	ਚਿੱਤਿ: ਤੱਤੇ ਸਿਹਾਰੀ ਬੋਲੋ	Hor Kaethae Gaavan Sae Mai Chith N Aavan Naanak Kiaa Veechaarae ||	So many others sing, they do not come to mind. O Nanak, how can I consider them all?	ਅਨੇਕਾਂ ਹੋਰ ਜੀਵ ਤੈਨੂੰ ਗਾ ਰਹੇ ਹਨ, ਜਿਹੜੇ ਮੈਥੋਂ ਗਿਣੇ ਭੀ ਨਹੀਂ ਜਾ ਸਕਦੇ। (ਭਲਾ) ਨਾਨਕ (ਵਿਚਾਰਾ) ਕੀਹ ਵਿਚਾਰ ਕਰ ਸਕਦਾ ਹੈ?

284	6	ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ॥	(ਨਾਈ) ਵਡਿਆਈ	Soee Soee Sadhaa Sach Saahib Saachaa Saachee Naaee ||	That True Lord is True, Forever True, and True is His Name.	ਉਹ ਅਕਾਲ ਪੁਰਖ ਸਦਾ-ਥਿਰ ਹੈ। ਉਹ ਮਾਲਕ ਸੱਚਾ ਹੈ, ਉਸ ਦੀ ਵਡਿਆਈ ਭੀ ਸਦਾ ਅਟੱਲ ਹੈ।
285	6	ਹੈ ਭੀ ਹੋਸੀ ਜਾਇ ਨ ਜਾਸੀ ਰਚਨਾ ਜਿਨਿ ਰਚਾਈ॥		Hai Bhee Hosee Jaae N Jaasee Rachanaa Jin Rachaaee ||	He is, and shall always be. He shall not depart, even when this Universe which He has created departs.	ਜਿਸ ਅਕਾਲ ਪੁਰਖ ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹ ਐਸ ਵੇਲੇ ਮੌਜੂਦ ਹੈ, ਸਦਾ ਰਹੇਗਾ। ਨਾਹ ਉਹ ਜੰਮਿਆ ਹੈ ਅਤੇ ਨਾਹ ਹੀ ਮਰੇਗਾ।
286	6	ਰੰਗੀ ਰੰਗੀ ਭਾਤੀ ਕਰਿ ਕਰਿ ਜਿਨਸੀ ਮਾਇਆ ਜਿਨਿ ਉਪਾਈ॥	(ਰੰਗੀ ਰੰਗੀ) ਰੰਗਾਂ ਰੰਗਾਂ ਦੀ। (ਭਾਤੀ) ਕਈ ਤਰਾਂ ਦੀ। (ਜਿਨਸੀ) ਕਿਸਮਾਂ ਜਾਤਾਂ ਦੀ।	Rangee Rangee Bhaathee Kar Kar Jinasee Maaeiaa Jin Oupaaee ||	He created the world, with its various colors, species of beings, and the variety of Maya.	ਜਿਸ ਅਕਾਲ ਪੁਰਖ ਨੇ ਕਈ ਰੰਗਾਂ, ਕਿਸਮਾਂ ਅਤੇ ਜਿਨਸਾਂ ਦੀ ਮਾਇਆ ਰਚ ਦਿੱਤੀ ਹੈ।
287	6	ਕਰਿ ਕਰਿ ਵੇਖੈ ਕੀਤਾ ਆਪਣਾ ਜਿਵ ਤਿਸ ਦੀ ਵਡਿਆਈ॥		Kar Kar Vaekhai Keethaa Aapanaa Jiv This Dhee Vaddiaaee ||	Having created the creation, He watches over it Himself, by His Greatness.	ਉਹ ਜਿਵੇਂ ਉਸ ਦੀ ਰਜ਼ਾ ਹੈ, (ਭਾਵ, ਜੇਡਾ ਵੱਡਾ ਆਪ ਹੈ ਓਡੇ ਵੱਡੇ ਜਿਗਰੇ ਨਾਲ ਜਗਤ ਨੂੰ ਰਚ ਕੇ) ਆਪਣੇ ਪੈਦਾ ਕੀਤੇ ਹੋਏ ਦੀ ਸੰਭਾਲ ਭੀ ਕਰ ਰਿਹਾ ਹੈ।

288	6	ਜੋ ਤਿਸੁ ਭਾਵੈ ਸੋਈ ਕਰਸੀ ਹੁਕਮੁ ਨ ਕਰਣਾ ਜਾਈ॥		Jo This Bhaavai Soee Karasee Hukam N Karanaa Jaaee ||	He does whatever He pleases. No order can be issued to Him.	ਜੋ ਕੁਝ ਅਕਾਲ ਪੁਰਖ ਨੂੰ ਭਾਉਂਦਾ ਹੈ, ਉਹੋ ਹੀ ਕਰੇਗਾ, ਕਿਸੇ ਜੀਵ ਪਾਸੋਂ ਅਕਾਲ ਪੁਰਖ ਅੱਗੇ ਹੁਕਮ ਨਹੀਂ ਕੀਤਾ ਜਾ ਸਕਦਾ (ਉਸ ਨੂੰ ਇਹ ਨਹੀਂ ਆਖ ਸਕਦੇ-'ਇਉਂ ਨ ਕਰੀਂ, ਇਉਂ ਕਰ')।
289	6	ਸੋ ਪਾਤਿਸਾਹੁ ਸਾਹਾ ਪਾਤਿਸਾਹਿਬੁ ਨਾਨਕ ਰਹਣੁ ਰਜਾਈ॥੨੭॥		So Paathisaahu Saahaa Paathisaahib Naanak Rehan Rajaaee ||27||	He is the King, the King of kings, the Supreme Lord and Master of kings. Nanak remains subject to His Will. ||27||	ਅਕਾਲ ਪੁਰਖ ਪਾਤਿਸ਼ਾਹ ਹੈ, ਪਾਤਿਸ਼ਾਹਾਂ ਦਾ ਭੀ ਪਾਤਿਸ਼ਾਹ ਹੈ। ਹੇ ਨਾਨਕ! (ਜੀਵਾਂ ਨੂੰ) ਉਸ ਦੀ ਰਜ਼ਾ ਵਿਚ ਰਹਿਣਾ (ਹੀ ਫਬਦਾ ਹੈ) ॥੨੭॥
290	6	ਮੁੰਦਾ ਸੰਤੋਖੁ ਸਰਮੁ ਪਤੁ ਝੋਲੀ ਧਿਆਨ ਕੀ ਕਰਹਿ ਬਿਭੂਤਿ॥	(ਮੁੰਦਾ) ਮੁੰਦ੍ਰਾਂ। (ਸਰਮੁ) ਮਿਹਨਤ। ਉੱਦਮ, ਲੱਜਾ। (ਪਤੁ) ਪਾਤ੍ਰ, ਖੱਪਰ। (ਬਿਭੂਤਿ) ਸੁਆਹ।	Mundhaa Santhokh Saram Path Jholee Dhhiaan Kee Karehi Bibhooth ||	Make contentment your ear-rings, humility your begging bowl, and meditation the ashes you apply to your body.	(ਹੇ ਜੋਗੀ!) ਜੇ ਤੂੰ ਸੰਤੋਖ ਨੂੰ ਆਪਣੀਆਂ ਮੁੰਦਰਾਂ ਬਣਾਵੇ, ਮਿਹਨਤ ਨੂੰ ਖੱਪਰ ਤੇ ਝੋਲੀ, ਅਤੇ ਅਕਾਲ ਪੁਰਖ ਦੇ ਧਿਆਨ ਦੀ ਸੁਆਹ (ਪਿੰਡੇ ਤੇ ਮਲੇਂ),
291	6	ਖਿੰਥਾ ਕਾਲੁ ਕੁਆਰੀ ਕਾਇਆ ਜੁਗਤਿ ਡੰਡਾ ਪਰਤੀਤਿ॥	(ਖਿੰਥਾ) ਖ਼ਫਨੀ। (ਕਾਇਆ) ਦੇਹ	Khinthhaa Kaal Kuaaree Kaaeiaa Jugath Ddanddaa Paratheeth ||	Let the remembrance of death be the patched coat you wear, let the purity of virginity be your way in the world, and let faith in the Lord be your walking stick.	ਮੌਤ (ਦਾ ਭਉ) ਤੇਰੀ ਗੋਦੜੀ ਹੋਵੇ, ਸਰੀਰ ਨੂੰ ਵਿਕਾਰਾਂ ਤੋਂ ਬਚਾ ਕੇ ਰੱਖਣਾ ਤੇਰੇ ਲਈ ਜੋਗ ਦੀ ਰਹਿਤ ਹੋਵੇ ਅਤੇ ਸ਼ਰਧਾ ਨੂੰ ਡੰਡਾ ਬਣਾਵੇਂ (ਤਾਂ ਅੰਦਰੋਂ ਕੂੜ ਦੀ ਕੰਧ ਟੁੱਟ ਸਕਦੀ ਹੈ)।

292	6	ਆਈ ਪੰਥੀ ਸਗਲ ਜਮਾਤੀ ਮਨਿ ਜੀਤੈ ਜਗੁ ਜੀਤੁ॥	(ਆਈ) ਜੋਗੀਆਂ ਦਾ ਸਭ ਤੋਂ ਉੱਚਾ ਫਿਰਕਾ, (ਪੰਥੀ) ਪੰਥ ਵਾਲਾ। (ਜਮਾਤੀ) ਬਰਾਬਰ, ਇੱਕੋ ਜਮਾਤ ਦੇ। ਜੱਗੁ	Aaee Panthhee Sagal Jamaathee Man Jeethai Jag Jeeth ||	See the brotherhood of all mankind as the highest order of Yogis; conquer your own mind, and conquer the world.	ਜੋ ਮਨੁੱਖ ਸਾਰੀ ਸ੍ਰਿਸ਼ਟੀ ਦੇ ਜੀਵਾਂ ਨੂੰ ਆਪਣੇ ਸੱਜਣ ਮਿੱਤਰ ਸਮਝਦਾ ਹੈ (ਅਸਲ ਵਿਚ) ਉਹੀ ਆਈ ਪੰਥ ਵਾਲਾ ਹੈ। ਜੇ ਆਪਣਾ ਮਨ ਜਿੱਤਿਆ ਜਾਏ, ਤਾਂ ਸਾਰਾ ਜਗਤ ਹੀ ਜਿੱਤਿਆ ਜਾਂਦਾ ਹੈ (ਭਾਵ, ਤਾਂ ਜਗਤ ਦੀ ਮਾਇਆ ਪਰਮਾਤਮਾ ਤੋਂ ਵਿਛੋੜ ਨਹੀਂ ਸਕਦੀ)।
293	6	ਆਦੇਸੁ ਤਿਸੈ ਆਦੇਸੁ॥	(ਆ-ਦੇਸੁ) ਨਮਸਕਾਰ	Aadhaes Thisai Aadhaes ||	I bow to Him, I humbly bow.	(ਸੋ, ਕੂੜ ਦੀ ਕੰਧ ਦੂਰ ਕਰਨ ਲਈ) ਕੇਵਲ ਉਸ (ਅਕਾਲ ਪੁਰਖ) ਨੂੰ ਪ੍ਰਣਾਮ ਕਰੋ,
294	6	ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ॥੨੮॥	(ਅਨੀ-ਲੁ) ਸ਼ੁਧ ਸਰੂਪ। (ਅਨਾਦਿ) ਆਦਿ ਰਹਿਤ। (ਅਨਾ-ਹਤਿ) ਨਾਸ ਰਹਿਤ। (ਵੇਸੁ) ਸਰੂਪ। ਜੁੱਗੁ ਜੁੱਗੁ	Aadh Aneel Anaadh Anaahath Jug Jug Eaeko Vaes ||28||	The Primal One, the Pure Light, without beginning, without end. Throughout all the ages, He is One and the Same. ||28||	ਜੋ (ਸਭ ਦਾ) ਮੁੱਢ ਹੈ, ਜੋ ਸੁੱਧ ਸਰੂਪ ਹੈ, ਜਿਸ ਦਾ ਕੋਈ ਮੁੱਢ ਨਹੀਂ (ਲੱਭ ਸਕਦਾ), ਜੋ ਨਾਸ-ਰਹਿਤ ਹੈ ਅਤੇ ਜੋ ਸਦਾ ਹੀ ਇਕੋ ਜਿਹਾ ਰਹਿੰਦਾ ਹੈ ॥੨੮॥

295	6	ਭੁਗਤਿ ਗਿਆਨੁ ਦਇਆ ਭੰਡਾਰਣਿ ਘਟਿ ਘਟਿ ਵਾਜਹਿ ਨਾਦ॥	(ਭੁਗ–ਤਿ) ਭੋਜਨ, ਚੂਰਮਾ। (ਭੰਡਾਰਣਿ) ਭੰਡਾਰਾ ਵਰਤਾਉਣ ਵਾਲੀ। ਘਟਿ ਘਟਿ: ਪੋਲੇ ਬੋਲੋ। ਵਾਜਹਿ: ਮਿਲਵਾ ਇੱਕਠਾ ਬੋਲੋ	Bhugath Giaan Dhaeiaa Bhanddaaran Ghatt Ghatt Vaajehi Naadh ||	Let spiritual wisdom be your food, and compassion your attendant. The Sound-current of the Naad vibrates in each and every heart.	(ਹੇ ਜੋਗੀ! ਜੇ) ਅਕਾਲ ਪੁਰਖ ਦੀ ਸਰਬ-ਵਿਆਪਕਤਾ ਦਾ ਗਿਆਨ ਤੇਰੇ ਲਈ ਭੰਡਾਰਾ (ਚੂਰਮਾ) ਹੋਵੇ, ਦਇਆ ਇਸ (ਗਿਆਨ-ਰੂਪ) ਭੰਡਾਰੇ ਦੀ ਵਰਤਾਵੀ ਹੋਵੇ, ਹਰੇਕ ਜੀਵ ਦੇ ਅੰਦਰ ਜਿਹੜੀ (ਜ਼ਿੰਦਗੀ ਦੀ ਰੌ ਚੱਲ ਰਹੀ ਹੈ, (ਭੰਡਾਰਾ ਛਕਣ ਵੇਲੇ ਜੇ ਤੇਰੇ ਅੰਦਰ) ਇਹ ਨਾਦੀ ਵੱਜ ਰਹੀ ਹੋਵੇ,
296	6	ਆਪਿ ਨਾਥੁ ਨਾਥੀ ਸਭ ਜਾ ਕੀ ਰਿਧਿ ਸਿਧਿ ਅਵਰਾ ਸਾਦ॥	(ਨਾਥੁ) ਮਾਲਕ, ਜੋਗੀਆਂ ਦਾ ਗੁਰੂ। (ਨਾੱਥੀ) ਨੱਥੀ ਹੋਈ, ਵੱਸ ਚ। ਰਿੱਧਿ। ਸਿੱਧਿ।	Aap Naathh Naathhee Sabh Jaa Kee Ridhh Sidhh Avaraa Saadh ||	He Himself is the Supreme Master of all; wealth and miraculous spiritual powers, and all other external tastes and pleasures, are all like beads on a string.	ਤੇਰਾ ਨਾਥ ਆਪ ਅਕਾਲ ਪੁਰਖ ਹੋਵੇ, ਜਿਸ ਦੇ ਵੱਸ ਵਿਚ ਸਾਰੀ ਸ੍ਰਿਸ਼ਟੀ ਹੈ, (ਤਾਂ ਕੂੜ ਦੀ ਕੰਧ ਤੇਰੇ ਅੰਦਰੋਂ ਟੁੱਟ ਕੇ ਪਰਮਾਤਮਾ ਨਾਲੋਂ ਤੇਰੀ ਵਿੱਥ ਮਿਟ ਸਕਦੀ ਹੈ। ਜੋਗ ਸਾਧਨਾਂ ਦੀ ਰਾਹੀਂ ਪ੍ਰਾਪਤ ਹੋਈਆਂ ਰਿੱਧੀਆਂ ਵਿਅਰਥ ਹਨ, ਇਹ) ਰਿੱਧੀਆਂ ਤੇ ਸਿੱਧੀਆਂ (ਤਾਂ) ਕਿਸੇ ਹੋਰ ਪਾਸੇ ਖੜਨ ਵਾਲੇ ਸੁਆਦ ਹਨ।

297	6	ਸੰਜੋਗੁ ਵਿਜੋਗੁ ਦੁਇ ਕਾਰ ਚਲਾਵਹਿ ਲੇਖੇ ਆਵਹਿ ਭਾਗ॥	(ਸੰਜੋਗੁ) ਮੇਲ। (ਵਿਜੋਗੁ) ਵਿਛੋੜਾ। ਦੁਇ: ਈੜੀ ਸਿਹਾਰੀ ਸੰਕੋਚ ਕੇ ਬੋਲੋ।	Sanjog Vijog Dhue Kaar Chalaavehi Laekhae Aavehi Bhaag ||	Union with Him, and separation from Him, come by His Will. We come to receive what is written in our destiny.	ਅਕਾਲ ਪੁਰਖ ਦੀ "ਸੰਜੋਗ" ਸੱਤਾ ਤੇ "ਵਿਜੋਗ" ਸੱਤਾ ਦੋਵੇਂ (ਮਿਲ ਕੇ ਇਸ ਸੰਸਾਰ ਦੀ) ਕਾਰ ਨੂੰ ਚਲਾ ਰਹੀਆਂ ਹਨ (ਭਾਵ, ਪਿਛਲੇ ਸੰਜੋਗਾਂ ਕਰ ਕੇ ਟੱਬਰ ਆਦਿਕਾਂ ਦੇ ਜੀਵ ਇੱਥੇ ਆ ਇਕੱਠੇ ਹੁੰਦੇ ਹਨ। ਰਜ਼ਾ ਵਿਚ ਫਿਰ ਵਿਛੜ ਵਿਛੜ ਕੇ ਆਪੋ-ਆਪਣੀ ਵਾਰੀ ਇੱਥੋਂ ਤੁਰ ਜਾਂਦੇ ਹਨ) ਅਤੇ (ਸਭ ਜੀਵਾਂ ਦੇ ਕੀਤੇ ਕਰਮਾਂ ਦੇ) ਲੇਖ ਅਨੁਸਾਰ (ਦਰਜਾ-ਬ-ਦਰਜਾ ਸੁਖ ਦੁਖ ਦੇ) ਛਾਂਦੇ ਮਿਲ ਰਹੇ ਹਨ (ਜੇ ਇਹ ਯਕੀਨ ਬਣ ਜਾਏ ਤਾਂ ਅੰਦਰੋਂ ਕੂੜ ਦੀ ਕੰਧ ਟੁੱਟ ਜਾਂਦੀ ਹੈ।)
298	7	ਆਦੇਸੁ ਤਿਸੈ ਆਦੇਸੁ॥		Aadhaes Thisai Aadhaes ||	I bow to Him, I humbly bow.	(ਸੋ, ਕੂੜ ਦੀ ਕੰਧ ਦੂਰ ਕਰਨ ਲਈ) ਕੇਵਲ ਉਸ (ਅਕਾਲ ਪੁਰਖ) ਨੂੰ ਪ੍ਰਣਾਮ ਕਰੋ,
299	7	ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ॥੨੯॥	ਜੁੱਗੁ ਜੁੱਗੁ	Aadh Aneel Anaadh Anaahath Jug Jug Eaeko Vaes ||29||	The Primal One, the Pure Light, without beginning, without end. Throughout all the ages, He is One and the Same. ||29||	ਜੋ (ਸਭ ਦਾ) ਮੁੱਢ ਹੈ, ਜੋ ਸੁੱਧ ਸਰੂਪ ਹੈ, ਜਿਸ ਦਾ ਕੋਈ ਮੁੱਢ ਨਹੀਂ (ਲੱਭ ਸਕਦਾ), ਜੋ ਨਾਸ ਰਹਿਤ ਹੈ ਅਤੇ ਜੋ ਸਦਾ ਇਕੋ ਜਿਹਾ ਰਹਿੰਦਾ ਹੈ ॥੨੯॥

300	7	ਏਕਾ ਮਾਈ ਜੁਗਤਿ ਵਿਆਈ ਤਿਨਿ ਚੇਲੇ ਪਰਵਾਣੁ॥	(ਏਕਾ) ਇੱਕ। ਏਕਾ:ਪੋਲਾ ਬੋਲੋ। (ਵਿਆਈ) ਪੈਦਾ ਹੋਈ। (ਪਰਵਾਣੁ) ਪ੍ਰਮਾਣੀਕ	Eaekaa Maaee Jugath Viaaee Thin Chaelae Paravaan ||	The One Divine Mother conceived and gave birth to the three deities.	(ਲੋਕਾਂ ਵਿਚ ਇਹ ਖ਼ਿਆਲ ਆਮ ਪ੍ਰਚੱਲਤ ਹੈ ਕਿ) ਇਕੱਲੀ ਮਾਇਆ (ਕਿਸੇ) ਜੁਗਤੀ ਨਾਲ ਪ੍ਰਸੂਤ ਹੋਈ ਤੇ ਪਰਤੱਖ ਤੌਰ 'ਤੇ ਉਸ ਦੇ ਤਿੰਨ ਪੁੱਤਰ ਜੰਮ ਪਏ।
301	7	ਇਕੁ ਸੰਸਾਰੀ ਇਕੁ ਭੰਡਾਰੀ ਇਕੁ ਲਾਏ ਦੀ ਬਾਣੁ॥	(ਲਾਏ) ਲੈਅ ਕਰਨ ਦੀ (ਬਾਣੁ) ਆਦਤ। (ਦੀਬਾਣੁ) ਕਚਹਿਰੀ (ਲਾਏ) ਲਾਉਂਦਾ ਹੈ। (ਦੂਜਾ ਪਾਠ: ਦੀਬਾਣੁ)	Eik Sansaaree Eik Bhanddaaree Eik Laaeae Dheebaan ||	One, the Creator of the World; One, the Sustainer; and One, the Destroyer.	ਉਹਨਾਂ ਵਿਚੋਂ ਇਕ (ਬ੍ਰਹਮਾ) ਘਰਬਾਰੀ ਬਣ ਗਿਆ (ਭਾਵ, ਜੀਵ-ਜੰਤਾਂ ਨੂੰ ਪੈਦਾ ਕਰਨ ਲੱਗ ਪਿਆ), ਇਕ (ਵਿਸ਼ਨੂੰ) ਭੰਡਾਰੇ ਦਾ ਮਾਲਕ ਬਣ ਗਿਆ (ਭਾਵ, ਜੀਵਾਂ ਨੂੰ ਰਿਜ਼ਕ ਅਪੜਾਣ ਦਾ ਕੰਮ ਕਰਨ ਲੱਗਾ), ਅਤੇ ਇੱਕ (ਸ਼ਿਵ) ਕਚਹਿਰੀ ਲਾਉਂਦਾ ਹੈ (ਭਾਵ, ਜੀਵਾਂ ਨੂੰ ਸੰਘਾਰਦਾ ਹੈ)।
302	7	ਜਿਵ ਤਿਸੁ ਭਾਵੈ ਤਿਵੈ ਚਲਾਵੈ ਜਿਵ ਹੋਵੈ ਫੁਰਮਾਣੁ॥	(ਫੁਰਮਾਣੁ) ਹੁਕਮ	Jiv This Bhaavai Thivai Chalaavai Jiv Hovai Furamaan ||	He makes things happen according to the Pleasure of His Will. Such is His Celestial Order.	(ਪਰ ਅਸਲ ਗੱਲ ਇਹ ਹੈ ਕਿ) ਜਿਵੇਂ ਉਸ ਅਕਾਲ ਪੁਰਖ ਨੂੰ ਭਾਉਂਦਾ ਹੈ ਅਤੇ ਜਿਵੇਂ ਉਸ ਦਾ ਹੁਕਮ ਹੁੰਦਾ ਹੈ, ਤਿਵੇਂ ਹੀ ਉਹ ਆਪ ਸੰਸਾਰ ਦੀ ਕਾਰ ਚਲਾ ਰਿਹਾ ਹੈ, (ਇਹਨਾਂ ਬ੍ਰਹਮਾ, ਵਿਸ਼ਨੂੰ ਅਤੇ ਸ਼ਿਵ ਦੇ ਕੁਝ ਹੱਥ ਨਹੀਂ)।

303	7	ਓਹੁ ਵੇਖੈ ਓਨਾ ਨਦਰਿ ਨ ਆਵੈ ਬਹੁਤਾ ਏਹੁ ਵਿਡਾਣੁ॥	ਓਹੁ: ਹਾਹੇ ਔਂਕੜ	Ouhu Vaekhai Ounaa Nadhar N Aavai Bahuthaa Eaehu Viddaan ||	He watches over all, but none see Him. How wonderful this is!	ਇਹ ਬੜਾ ਅਸਚਰਜ ਕੌਤਕ ਹੈ ਕਿ ਉਹ ਅਕਾਲ ਪੁਰਖ (ਸਭ ਜੀਵਾਂ ਨੂੰ) ਵੇਖ ਰਿਹਾ ਹੈ ਪਰ ਜੀਵਾਂ ਨੂੰ ਅਕਾਲ ਪੁਰਖ ਨਹੀਂ ਦਿੱਸਦਾ।
304	7	ਆਦੇਸੁ ਤਿਸੈ ਆਦੇਸੁ॥		Aadhaes Thisai Aadhaes ||	I bow to Him, I humbly bow.	(ਸੋ ਬ੍ਰਹਮਾ, ਵਿਸ਼ਨੂੰ, ਸ਼ਿਵ ਆਦਿਕ ਦੇ ਥਾਂ) ਕੇਵਲ ਉਸ (ਅਕਾਲ ਪੁਰਖ) ਨੂੰ ਪ੍ਰਣਾਮ ਕਰੋ,
305	7	ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ॥੩੦॥	ਜੁੱਗੁ ਜੁੱਗੁ	Aadh Aneel Anaadh Anaahath Jug Jug Eaeko Vaes ||30||	The Primal One, the Pure Light, without beginning, without end. Throughout all the ages, He is One and the Same. ||30||	ਜੋ (ਸਭ ਦਾ) ਮੁੱਢ ਹੈ, ਜੋ ਸ਼ੁੱਧ ਸਰੂਪ ਹੈ, ਜਿਸ ਦਾ ਕੋਈ ਮੁੱਢ ਨਹੀਂ (ਲੱਭ ਸਕਦਾ), ਜੋ ਨਾਸ ਰਹਿਤ ਹੈ ਅਤੇ ਜੋ ਸਦਾ ਹੀ ਇਕੋ ਜਿਹਾ ਰਹਿੰਦਾ ਹੈ। (ਇਹੀ ਹੈ ਵਸੀਲਾ ਉਸ ਪ੍ਰਭੂ ਨਾਲੋਂ ਵਿੱਥ ਦੂਰ ਕਰਨ ਦਾ) ॥੩੦॥
306	7	ਆਸਣੁ ਲੋਇ ਲੋਇ ਭੰਡਾਰ॥	(ਆਸਣੁ) ਟਿਕਾਣਾ। (ਲੋਇ) ਲੋਕ, ਭਵਨ	Aasan Loe Loe Bhanddaar ||	On world after world are His Seats of Authority and His Storehouses.	ਅਕਾਲ ਪੁਰਖ ਦੇ ਭੰਡਾਰਿਆਂ ਦਾ ਟਿਕਾਣਾ ਹਰੇਕ ਭਵਨ ਵਿਚ ਹੈ (ਭਾਵ, ਹਰੇਕ ਭਵਨ ਵਿਚ ਅਕਾਲ ਪੁਰਖ ਦੇ ਭੰਡਾਰੇ ਚੱਲ ਰਹੇ ਹਨ)।
307	7	ਜੋ ਕਿਛੁ ਪਾਇਆ ਸੁ ਏਕਾ ਵਾਰ॥		Jo Kishh Paaeiaa S Eaekaa Vaar ||	Whatever was put into them, was put there once and for all.	ਜੋ ਕੁਝ (ਅਕਾਲ ਪੁਰਖ ਨੇ ਉਹਨਾਂ ਭੰਡਾਰਿਆਂ ਵਿਚ) ਪਾਇਆ ਹੈ ਇਕੋ ਵਾਰੀ ਪਾ ਦਿੱਤਾ ਹੈ, (ਭਾਵ, ਉਸ ਦੇ ਭੰਡਾਰੇ ਸਦਾ ਅਖੁੱਟ ਹਨ)।

308	7	ਕਰਿ ਕਰਿ ਵੇਖੈ ਸਿਰਜਣਹਾਰੁ॥		Kar Kar Vaekhai Sirajanehaar ||	Having created the creation, the Creator Lord watches over it.	ਸ੍ਰਿਸ਼ਟੀ ਨੂੰ ਪੈਦਾ ਕਰਨ ਵਾਲਾ ਅਕਾਲ ਪੁਰਖ (ਜੀਵਾਂ ਨੂੰ) ਪੈਦਾ ਕਰ ਕੇ (ਉਹਨਾਂ ਦੀ) ਸੰਭਾਲ ਕਰ ਰਿਹਾ ਹੈ।
309	7	ਨਾਨਕ ਸਚੇ ਕੀ ਸਾਚੀ ਕਾਰ॥	(ਕਾਰ) ਕਰਨੀ	Naanak Sachae Kee Saachee Kaar ||	O Nanak, True is the Creation of the True Lord.	ਹੇ ਨਾਨਕ! ਸਦਾ-ਥਿਰ ਰਹਿਣ ਵਾਲੇ (ਅਕਾਲ ਪੁਰਖ) ਦੀ (ਸ੍ਰਿਸ਼ਟੀ ਦੀ ਸੰਭਾਂਲ ਵਾਲੀ) ਇਹ ਕਾਰ ਸਦਾ ਅਟੱਲ ਹੈ (ਉਕਾਈ ਤੋਂ ਖ਼ਾਲੀ ਹੈ)।
310	7	ਆਦੇਸੁ ਤਿਸੈ ਆਦੇਸੁ॥		Aadhaes Thisai Aadhaes ||	I bow to Him, I humbly bow.	(ਸੋ) ਕੇਵਲ ਉਸ (ਅਕਾਲ ਪੁਰਖ) ਨੂੰ ਪ੍ਰਣਾਮ ਕਰੋ,
311	7	ਆਦਿ ਅਨੀਲੁ ਅਨਾਦਿ ਅਨਾਹਤਿ ਜੁਗੁ ਜੁਗੁ ਏਕੋ ਵੇਸੁ॥੩੧॥	ਜੁੱਗੁ ਜੁੱਗੁ	Aadh Aneel Anaadh Anaahath Jug Jug Eaeko Vaes ||31||	The Primal One, the Pure Light, without beginning, without end. Throughout all the ages, He is One and the Same. ||31||	ਜੋ (ਸਭ ਦਾ) ਮੁੱਢ ਹੈ, ਜੋ ਸੁੱਧ-ਸਰੂਪ ਹੈ, ਜਿਸ ਦਾ ਕੋਈ ਮੁੱਢ ਨਹੀਂ (ਲੱਭ ਸਕਦਾ), ਜੋ ਨਾਸ-ਰਹਿਤ ਹੈ ਅਤੇ ਜੋ ਸਦਾ ਹੀ ਇਕੋ ਜਿਹਾ ਰਹਿੰਦਾ ਹੈ (ਇਹੀ ਹੈ ਤਰੀਕਾ, ਜਿਸ ਨਾਲ ਉਸ ਪ੍ਰਭੂ ਨਾਲੋਂ ਵਿੱਥ ਮਿਟ ਸਕਦੀ ਹੈ) ॥੩੧॥
312	7	ਇਕ ਦੂ ਜੀਭੌ ਲਖ ਹੋਹਿ ਲਖ ਹੋਵਹਿ ਲਖ ਵੀਸ॥	(ਦੂ) ਤੋਂ।ਜੀਭੌਂ: ਕਨੌੜਾ ਚਾੜ੍ਹ ਕੇ ਬੋਲੋ। ਲੱਖ। ਵੀਸ: ਵਾਵਾ ਭਰਵਾਂ ਬੋਲੋ, ਬੱਬਾ ਬੀਸ ਨਹੀਂ ਬੋਲਣਾ।	Eik Dhoo Jeebha Lakh Hohi Lakh Hovehi Lakh Vees ||	If I had 100,000 tongues, and these were then multiplied twenty times more, with each tongue,	ਜੇ ਇੱਕ ਜੀਭ ਤੋਂ ਲੱਖ ਜੀਭਾਂ ਹੋ ਜਾਣ, ਅਤੇ ਲੱਖ ਜੀਭਾਂ ਤੋਂ ਵੀਹ ਲੱਖ ਬਣ ਜਾਣ,

313	7	ਲਖੁ ਲਖੁ ਗੇੜਾ ਆਖੀਅਹਿ ਏਕੁ ਨਾਮੁ ਜਗਦੀਸ॥	(ਗੇੜਾ) ਵਾਰੀ। ਲੱਖੁ ਲੱਖੁ। ਜੱਗਦੀਸ।	Lakh Lakh Gaerraa Aakheeahi Eaek Naam Jagadhees ||	I would repeat, hundreds of thousands of times, the Name of the One, the Lord of the Universe.	(ਇਹਨਾਂ ਵੀਹ ਲੱਖ ਜੀਭਾਂ ਨਾਲ ਜੇ) ਅਕਾਲ ਪੁਰਖ ਦੇ ਇਕ ਨਾਮ ਨੂੰ ਇਕ ਇਕ ਲੱਖ ਵਾਰੀ ਆਖੀਏ (ਤਾਂ ਭੀ ਕੂੜੇ ਮਨੁੱਖ ਦੀ ਇਹ ਕੂੜੀ ਹੀ ਠੀਸ ਹੈ, ਭਾਵ, ਜੇ ਮਨੁੱਖ ਇਹ ਖ਼ਿਆਲ ਕਰੇ ਕਿ ਮੈਂ ਆਪਣੇ ਉੱਦਮ ਦੇ ਆਸਰੇ ਇਸ ਤਰ੍ਹਾਂ ਨਾਮ ਸਿਮਰ ਕੇ ਅਕਾਲ ਪੁਰਖ ਨੂੰ ਪਾ ਸਕਦਾ ਹਾਂ, ਤਾਂ ਇਹ ਝੂਠਾ ਅਹੰਕਾਰ ਹੈ)।
314	7	ਏਤੁ ਰਾਹਿ ਪਤਿ ਪਵੜੀਆ ਚੜੀਐ ਹੋਇ ਇਕੀਸ॥	(ਚੜ੍ਹੀਐ) ਚੜ੍ਹਨੇ ਕਰਕੇ। (ਇੱਕੀਸ) ਇੱਕ ਰਾਮ ਜੀ ਦਾ ਸਰੂਪ ਹੋਈਦਾ ਹੈ	Eaeth Raahi Path Pavarreeaa Charreeai Hoe Eikees ||	Along this path to our Husband Lord, we climb the steps of the ladder, and come to merge with Him.	ਇਸ ਰਸਤੇ ਵਿਚ (ਪਰਮਾਤਮਾ ਨਾਲੋਂ ਵਿੱਥ ਦੂਰ ਕਰਨ ਵਾਲੇ ਰਾਹ ਵਿਚ) ਅਕਾਲ ਪੁਰਖ ਨੂੰ ਮਿਲਣ ਵਾਸਤੇ ਜੋ ਪਉੜੀਆਂ ਹਨ, ਉਹਨਾਂ ਉੱਤੇ ਆਪਾ-ਭਾਵ ਗਵਾ ਕੇ ਹੀ ਚੜ੍ਹ ਸਕੀਦਾ ਹੈ। (ਲੱਖਾਂ ਜੀਭਾਂ ਨਾਲ ਭੀ ਗਿਣਤੀ ਦੇ ਸਿਮਰਨ ਨਾਲ ਕੁਝ ਨਹੀਂ ਬਣਦਾ।
315	7	ਸੁਣਿ ਗਲਾ ਆਕਾਸ ਕੀ ਕੀਟਾ ਆਈ ਰੀਸ॥	(ਕੀਟਾ) ਕੀੜਿਆਂ ਨੂੰ। ਗੱਲਾਂ। ਆ-ਕਾਸ	Sun Galaa Aakaas Kee Keettaa Aaee Rees ||	Hearing of the etheric realms, even worms long to come back home.	ਆਪਾ-ਭਾਵ ਦੂਰ ਕਰਨ ਤੋਂ ਬਿਨਾ ਇਹ ਗਿਣਤੀ ਦੇ ਪਾਠਾਂ ਵਾਲਾ ਉੱਦਮ ਇਉਂ ਹੈ, ਮਾਨੋ) ਆਕਾਸ਼ ਦੀਆਂ ਗੱਲਾਂ ਸੁਣ ਕੇ ਕੀੜਿਆਂ ਨੂੰ ਭੀ ਇਹ ਰੀਸ ਆ ਗਈ ਹੈ (ਕਿ ਅਸੀਂ ਭੀ ਆਕਾਸ਼ ਤੇ ਅੱਪੜ ਜਾਈਏ)।

316	7	ਨਾਨਕ ਨਦਰੀ ਪਾਈਐ ਕੂੜੀ ਕੂੜੈ ਠੀਸ॥੩੨॥	(ਨਦਰੀ) ਮਿਹਰ, ਕ੍ਰਿਪਾ। (ਕੂੜੈ) ਕੂੜ ਮਨੁੱਖ ਦੀ। (ਠੀਸ)ਗੱਪ	Naanak Nadharee Paaeeai Koorree Koorrai Thees ||32||	O Nanak, by His Grace He is obtained. False are the boastings of the false. ||32||	ਹੇ ਨਾਨਕ! ਜੇ ਅਕਾਲ ਪੁਰਖ ਮਿਹਰ ਦੀ ਨਜ਼ਰ ਕਰੇ, ਤਾਂ ਹੀ ਉਸ ਨੂੰ ਮਿਲੀਦਾ ਹੈ, (ਨਹੀਂ ਤਾਂ) ਕੂੜੇ ਮਨੁੱਖ ਦੀ ਆਪਣੇ ਆਪ ਦੀ ਨਿਰੀ ਕੂੜੀ ਹੀ ਵਡਿਆਈ ਹੈ (ਕਿ ਮੈਂ ਸਿਮਰਨ ਕਰ ਰਿਹਾ ਹਾਂ) ॥੩੨॥
317	7	ਆਖਣਿ ਜੋਰੁ ਚੁਪੈ ਨਹ ਜੋਰੁ॥		Aakhan Jor Chupai Neh Jor ||	No power to speak, no power to keep silent.	ਬੋਲਣ ਵਿਚ ਤੇ ਚੁੱਪ ਰਹਿਣ ਵਿਚ ਭੀ ਸਾਡਾ ਕੋਈ ਆਪਣਾ ਇਖ਼ਤਿਆਰ ਨਹੀਂ ਹੈ।
318	7	ਜੋਰੁ ਨ ਮੰਗਣਿ ਦੇਣਿ ਨ ਜੋਰੁ॥		Jor N Mangan Dhaen N Jor ||	No power to beg, no power to give.	ਨਾ ਹੀ ਮੰਗਣ ਵਿਚ ਸਾਡੀ ਮਨ-ਮਰਜ਼ੀ ਚੱਲਦੀ ਹੈ ਅਤੇ ਨਾ ਹੀ ਦੇਣ ਵਿਚ।
319	7	ਜੋਰੁ ਨ ਜੀਵਣਿ ਮਰਣਿ ਨਹ ਜੋਰੁ॥		Jor N Jeevan Maran Neh Jor ||	No power to live, no power to die.	ਜੀਵਨ ਵਿਚ ਤੇ ਮਰਨ ਵਿਚ ਭੀ ਸਾਡੀ ਕੋਈ ਸਮਰਥਾ (ਕੰਮ ਨਹੀਂ ਦੇਂਦੀ)।
320	7	ਜੋਰੁ ਨ ਰਾਜਿ ਮਾਲਿ ਮਨਿ ਸੋਰੁ॥	(ਸੋਰੁ) ਰੌਲ਼ਾ	Jor N Raaj Maal Man Sor ||	No power to rule, with wealth and occult mental powers.	ਇਸ ਰਾਜ ਤੇ ਮਾਲ ਦੇ ਪ੍ਰਾਪਤ ਕਰਨ ਵਿਚ ਭੀ ਸਾਡਾ ਕੋਈ ਜ਼ੋਰ ਨਹੀਂ ਚੱਲਦਾ (ਜਿਸ ਰਾਜ ਤੇ ਮਾਲ ਦੇ ਕਾਰਨ ਸਾਡੇ) ਮਨ ਵਿਚ ਫੂੰ-ਫਾਂ ਹੁੰਦੀ ਹੈ।
321	7	ਜੋਰੁ ਨ ਸੁਰਤੀ ਗਿਆਨਿ ਵੀਚਾਰਿ॥	ਗਿਆ–ਨਿ, ਵੀਚਾ–ਰਿ: ਕੰਨੇ ਲੰਬੇ ਲਾ ਕੇ ਸਿਹਾਰੀਆਂ ਲਾਉ	Jor N Surathee Giaan Veechaar ||	No power to gain intuitive understanding, spiritual wisdom and meditation.	ਆਤਮਾਕ ਜਾਗ ਵਿਚ, ਗਿਆਨ ਵਿਚ ਅਤੇ ਵਿਚਾਰ ਵਿਚ ਰਹਿਣ ਦੀ ਭੀ ਸਾਡੀ ਸਮਰਥਾ ਨਹੀਂ ਹੈ।

322	7	ਜੋਰੁ ਨ ਜੁਗਤੀ ਛੁਟੈ ਸੰਸਾਰੁ॥	ਜੁਗਤੀ: ਪੋਲਾ ਬੋਲੋ, ਛੁੱਟੈ	Jor N Jugathee Shhuttai Sansaar ||	No power to find the way to escape from the world.	ਉਸ ਜੁਗਤੀ ਵਿਚ ਰਹਿਣ ਲਈ ਭੀ ਸਾਡਾ ਇਖ਼ਤਿਆਰ ਨਹੀਂ ਹੈ, ਜਿਸ ਕਰ ਕੇ ਜਨਮ ਮਰਨ ਮੁੱਕ ਜਾਂਦਾ ਹੈ।
323	7	ਜਿਸੁ ਹਥਿ ਜੋਰੁ ਕਰਿ ਵੇਖੈ ਸੋਇ॥		Jis Hathh Jor Kar Vaekhai Soe ||	He alone has the Power in His Hands. He watches over all.	ਉਹੀ ਅਕਾਲ-ਪੁਰਖ ਰਚਨਾ ਰਚ ਕੇ (ਉਸ ਦੀ ਹਰ ਪਰਕਾਰ) ਸੰਭਾਲ ਕਰਦਾ ਹੈ, ਜਿਸ ਦੇ ਹੱਥ ਵਿਚ ਸਮਰੱਥਾ ਹੈ।
324	7	ਨਾਨਕ ਉਤਮੁ ਨੀਚੁ ਨ ਕੋਇ॥੩੩॥	ਉੱਤਮੁ, ਨੀਚੁ ਬਿਹਾਰੀ ਲੰਬੀ ਬੋਲ ਕੇ, ਚੱਚੇ ਔਂਕੜ ਲਾਉ	Naanak Outham Neech N Koe ||33||	O Nanak, no one is high or low. ||33||	ਹੇ ਨਾਨਕ! ਆਪਣੇ ਆਪ ਵਿਚ ਨਾਹ ਕੋਈ ਮਨੁੱਖ ਉੱਤਮ ਹੈ ਅਤੇ ਨਾਹ ਹੀ ਨੀਚ (ਭਾਵ, ਜੀਵਾਂ ਨੂੰ ਸਦਾਚਾਰੀ ਜਾਂ ਦੁਰਾਚਾਰੀ ਬਣਾਣ ਵਾਲਾ ਉਹ ਪ੍ਰਭੂ ਆਪ ਹੀ ਹੈ। ਜੇ ਸਿਮਰਨ ਦੀ ਬਰਕਤਿ ਨਾਲ ਇਹ ਨਿਸਚਾ ਬਣ ਜਾਏ ਤਾਂ ਹੀ ਪਰਮਾਤਮਾਂ ਨਾਲੋਂ ਜੀਵ ਦੀ ਵਿੱਥ ਦੂਰ ਹੁੰਦੀ ਹੈ) ॥੩੩॥
325	7	ਰਾਤੀ ਰੁਤੀ ਥਿਤੀ ਵਾਰ॥	ਰੱਾਤੀ, ਰੁੱਤੀ, ਥਿੱਤੀ	Raathee Ruthee Thhithee Vaar ||	Nights, days, weeks and seasons;	ਰਾਤਾਂ, ਰੁੱਤਾਂ, ਥਿਤਾਂ ਅਤੇ ਵਾਰ,
326	7	ਪਵਣ ਪਾਣੀ ਅਗਨੀ ਪਾਤਾਲ॥		Pavan Paanee Aganee Paathaal ||	Wind, water, fire and the nether regions	ਹਵਾ, ਪਾਣੀ, ਅੱਗ ਅਤੇ ਪਾਤਾਲ- ਇਹਨਾਂ ਸਾਰਿਆਂ ਦੇ ਇਕੱਠ ਵਿਚ (ਅਕਾਲ ਪੁਰਖ ਨੇ)

327	7	ਤਿਸੁ ਵਿਚਿ ਧਰਤੀ ਥਾਪਿ ਰਖੀ ਧਰਮਸਾਲ॥		This Vich Dhharathee Thhaap Rakhee Dhharam Saal ||	In the midst of these, He established the earth as a home for Dharma.	ਧਰਤੀ ਨੂੰ ਧਰਮ ਕਮਾਣ ਦਾ ਅਸਥਾਨ ਬਣਾ ਕੇ ਟਿਕਾ ਦਿੱਤਾ ਹੈ।
328	7	ਤਿਸੁ ਵਿਚਿ ਜੀਅ ਜੁਗਤਿ ਕੇ ਰੰਗ॥		This Vich Jeea Jugath Kae Rang ||	Upon it, He placed the various species of beings.	ਇਸ ਧਰਤੀ ਉੱਤੇ ਕਈ ਜੁਗਤੀਆਂ ਅਤੇ ਰੰਗਾਂ ਦੇ ਜੀਵ (ਵੱਸਦੇ ਹਨ),
329	7	ਤਿਨ ਕੇ ਨਾਮ ਅਨੇਕ ਅਨੰਤ॥		Thin Kae Naam Anaek Ananth ||	Their names are uncounted and endless.	ਜਿਨ੍ਹਾਂ ਦੇ ਅਨੇਕਾਂ ਤੇ ਅਨਗਿਣਤ ਹੀ ਨਾਮ ਹਨ।
330	7	ਕਰਮੀ ਕਰਮੀ ਹੋਇ ਵੀਚਾਰੁ॥		Karamee Karamee Hoe Veechaar ||	By their deeds and their actions, they shall be judged.	(ਇਹਨਾਂ ਅਨੇਕਾਂ ਨਾਵਾਂ ਤੇ ਰੰਗਾਂ ਵਾਲੇ ਜੀਵਾਂ ਦੇ) ਆਪੋ-ਆਪਣੇ ਕੀਤੇ ਹੋਏ ਕਰਮਾਂ ਅਨੁਸਾਰ (ਅਕਾਲ ਪੁਰਖ ਦੇ ਦਰ ਤੇ) ਨਿਬੇੜਾ ਹੁੰਦਾ ਹੈ
331	7	ਸਚਾ ਆਪਿ ਸਚਾ ਦਰਬਾਰੁ॥		Sachaa Aap Sachaa Dharabaar ||	God Himself is True, and True is His Court.	(ਜਿਸ ਵਿਚ ਕੋਈ ਉਕਾਈ ਨਹੀਂ ਹੁੰਦੀ, ਕਿਉਂਕਿ ਨਿਆਂ ਕਰਨ ਵਾਲਾ) ਅਕਾਲ ਪੁਰਖ ਆਪ ਸੱਚਾ ਹੈ, ਉਸਦਾ ਦਰਬਾਰ ਭੀ ਸੱਚਾ ਹੈ।
332	7	ਤਿਥੈ ਸੋਹਨਿ ਪੰਚ ਪਰਵਾਣੁ॥		Thithhai Sohan Panch Paravaan ||	There, in perfect grace and ease, sit the self-elect, the self-realized Saints.	ਉਸ ਦਰਬਾਰ ਵਿਚ ਸੰਤ ਜਨ ਪਰਤੱਖ ਤੌਰ 'ਤੇ ਸੋਭਦੇ ਹਨ,
333	7	ਨਦਰੀ ਕਰਮਿ ਪਵੈ ਨੀਸਾਣੁ॥	(ਨੀਸਾਣੁ) ਨਿਸ਼ਾਨ	Nadharee Karam Pavai Neesaan ||	They receive the Mark of Grace from the Merciful Lord.	ਅਤੇ ਮਿਹਰ ਦੀ ਨਜ਼ਰ ਕਰਨ ਵਾਲੇ ਅਕਾਲ ਪੁਰਖ ਦੀ ਬਖਸ਼ਸ਼ ਨਾਲ (ਉਹਨਾਂ ਸੰਤ ਜਨਾਂ ਦੇ ਮੱਥੇ ਉਤੇ) ਵਡਿਆਈ ਦਾ ਨਿਸ਼ਾਨ ਚਮਕ ਪੈਂਦਾ ਹੈ।

334	7	ਕਚ ਪਕਾਈ ਓਥੈ ਪਾਇ॥		Kach Pakaaee Outhhai Paae ||	The ripe and the unripe, the good and the bad, shall there be judged.	(ਇੱਥੇ ਸੰਸਾਰ ਵਿਚ ਕਿਸੇ ਦਾ ਵੱਡਾ ਛੋਟਾ ਅਖਵਾਣਾ ਕਿਸੇ ਅਰਥ ਨਹੀਂ, ਇਹਨਾਂ ਦੀ) ਕਚਿਆਈ ਪਕਿਆਈ ਅਕਾਲ ਪੁਰਖ ਦੇ ਦਰ ਤੇ ਜਾ ਕੇ ਮਲੂਮ ਹੁੰਦੀ ਹੈ।
335	7	ਨਾਨਕ ਗਇਆ ਜਾਪੈ ਜਾਇ॥੩੪॥	ਗਇਆ	Naanak Gaeiaa Jaapai Jaae ||34||	O Nanak, when you go home, you will see this. ||34||	ਹੇ ਨਾਨਕ! ਅਕਾਲ ਪੁਰਖ ਦੇ ਦਰ 'ਤੇ ਗਿਆਂ ਹੀ ਸਮਝ ਅਉਂਦੀ ਹੈ (ਕਿ ਅਸਲ ਵਿਚ ਕੌਣ ਪੱਕਾ ਹੈ ਤੇ ਕੌਣ ਕੱਚਾ) ॥੩੪॥
336	7	ਧਰਮ ਖੰਡ ਕਾ ਏਹੋ ਧਰਮੁ॥		Dhharam Khandd Kaa Eaeho Dhharam ||	This is righteous living in the realm of Dharma.	ਧਰਮ ਖੰਡ ਦਾ ਨਿਰਾ ਇਹੀ ਕਰਤੱਬ ਹੈ, (ਜੋ ਉੱਪਰ ਦੱਸਿਆ ਗਿਆ ਹੈ)।
337	7	ਗਿਆਨ ਖੰਡ ਕਾ ਆਖਹੁ ਕਰਮੁ॥		Giaan Khandd Kaa Aakhahu Karam ||	And now we speak of the realm of spiritual wisdom.	ਹੁਣ ਗਿਆਨ ਖੰਡ ਦਾ ਕਰਤੱਬ (ਭੀ) ਸਮਝ ਲਵੋ (ਜੋ ਅਗਲੀਆਂ ਤੁਕਾਂ ਵਿਚ ਹੈ)।
338	7	ਕੇਤੇ ਪਵਣ ਪਾਣੀ ਵੈਸੰਤਰ ਕੇਤੇ ਕਾਨ ਮਹੇਸ॥	(ਵੈਸੰਤਰ) ਅੱਗਾਂ। ਕਾਨ੍	Kaethae Pavan Paanee Vaisanthar Kaethae Kaan Mehaes ||	So many winds, waters and fires; so many Krishnas and Shivas.	(ਅਕਾਲ ਪੁਰਖ ਦੀ ਰਚਨਾ ਵਿਚ) ਕਈ ਪ੍ਰਕਾਰ ਦੇ ਪਉਣ, ਪਾਣੀ ਤੇ ਅਗਨੀਆਂ ਹਨ, ਕਈ ਕ੍ਰਿਸ਼ਨ ਹਨ ਤੇ ਕਈ ਸ਼ਿਵ ਹਨ।
339	7	ਕੇਤੇ ਬਰਮੇ ਘਾੜਤਿ ਘੜੀਅਹਿ ਰੂਪ ਰੰਗ ਕੇ ਵੇਸ॥	(ਕੇ ਵੇਸ) ਕਈ ਵੇਸਾਂ ਦੇ	Kaethae Baramae Ghaarrath Gharreeahi Roop Rang Kae Vaes ||	So many Brahmas, fashioning forms of great beauty, adorned and dressed in many colors.	ਕਈ ਬ੍ਰਹਮੇ ਪੈਦਾ ਕੀਤੇ ਜਾ ਰਹੇ ਹਨ, ਜਿਨ੍ਹਾਂ ਦੇ ਕਈ ਰੂਪ, ਕਈ ਰੰਗ ਤੇ ਕਈ ਵੇਸ ਹਨ।

340	7	ਕੇਤੀਆ ਕਰਮਭੂਮੀ ਮੇਰ ਕੇਤੇ ਕੇਤੇ ਧੂ ਉਪਦੇਸ॥	(ਧੂ) ਧਰੂ ਭਗਤ ਜੀ। ਕਰਮ-ਭੂਮੀ	Kaetheeaa Karam Bhoomee Maer Kaethae Kaethae Dhhoo Oupadhaes ||	So many worlds and lands for working out karma. So very many lessons to be learned!	(ਅਕਾਲ ਪੁਰਖ ਦੀ ਕੁਦਰਤਿ ਵਿਚ) ਬੇਅੰਤ ਧਰਤੀਆਂ ਹਨ, ਬੇਅੰਤ ਮੇਰੂ ਪਰਬਤ, ਬੇਅੰਤ ਧ੍ਰੂਅ ਭਗਤ ਤੇ ਉਹਨਾਂ ਦੇ ਉਪਦੇਸ਼ ਹਨ।
341	7	ਕੇਤੇ ਇੰਦ ਚੰਦ ਸੂਰ ਕੇਤੇ ਕੇਤੇ ਮੰਡਲ ਦੇਸ॥	(ਇੰਦ) ਇੰਦਰ ਦੇਵਤੇ। (ਸੂਰ) ਸੂਰਜ	Kaethae Eindh Chandh Soor Kaethae Kaethae Manddal Dhaes ||	So many Indras, so many moons and suns, so many worlds and lands.	ਬੇਅੰਤ ਇੰਦਰ ਦੇਵਤੇ, ਚੰਦ੍ਰਮਾ, ਬੇਅੰਤ ਸੂਰਜ ਅਤੇ ਬੇਅੰਤ ਭਵਨ-ਚੱਕਰ ਹਨ।
342	7	ਕੇਤੇ ਸਿਧ ਬੁਧ ਨਾਥ ਕੇਤੇ ਕੇਤੇ ਦੇਵੀ ਵੇਸ॥		Kaethae Sidhh Budhh Naathh Kaethae Kaethae Dhaevee Vaes ||	So many Siddhas and Buddhas, so many Yogic masters. So many goddesses of various kinds.	ਬੇਅੰਤ ਸਿੱਧ ਹਨ, ਬੇਅੰਤ ਬੁਧ ਅਵਤਾਰ ਹਨ, ਬੇਅੰਤ ਨਾਥ ਹਨ ਅਤੇ ਬੇਅੰਤ ਦੇਵੀਆਂ ਦੇ ਪਹਿਰਾਵੇ ਹਨ।
343	7	ਕੇਤੇ ਦੇਵ ਦਾਨਵ ਮੁਨਿ ਕੇਤੇ ਕੇਤੇ ਰਤਨ ਸਮੁੰਦ॥		Kaethae Dhaev Dhaanav Mun Kaethae Kaethae Rathan Samundh ||	So many demi-gods and demons, so many silent sages. So many oceans of jewels.	(ਅਕਾਲ ਪੁਰਖ ਦੀ ਰਚਨਾ ਵਿਚ) ਬੇਅੰਤ ਦੇਵਤੇ ਅਤੇ ਦੈਂਤ ਹਨ, ਬੇਅੰਤ ਮੁਨੀ ਹਨ, ਬੇਅੰਤ ਪਰਕਾਰ ਦੇ ਰਤਨ ਤੇ (ਰਤਨਾਂ ਦੇ) ਸਮੁੰਦਰ ਹਨ।
344	7	ਕੇਤੀਆ ਖਾਣੀ ਕੇਤੀਆ ਬਾਣੀ ਕੇਤੇ ਪਾਤ ਨਰਿੰਦ॥	(ਪਾਤ) ਪਾਤਸ਼ਾਹ। (ਨਰਿੰਦ) ਰਾਜੇ	Kaetheeaa Khaanee Kaetheeaa Baanee Kaethae Paath Narindh ||	So many ways of life, so many languages. So many dynasties of rulers.	(ਜੀਵ-ਰਚਨਾ ਦੀਆਂ) ਬੇਅੰਤ ਖਾਣੀਆਂ ਹਨ, (ਜੀਵਾਂ ਦੀਆਂ ਬੋਲੀਆਂ ਭੀ ਚਾਰ ਨਹੀਂ) ਬੇਅੰਤ ਬਾਣੀਆਂ ਹਨ, ਬੇਅੰਤ ਪਾਤਸ਼ਾਹ ਤੇ ਰਾਜੇ ਹਨ,

345	7	ਕੇਤੀਆ ਸੁਰਤੀ ਸੇਵਕ ਕੇਤੇ ਨਾਨਕ ਅੰਤੁ ਨ ਅੰਤੁ ॥੩੫॥		Kaetheeaa Surathee Saevak Kaethae Naanak Anth N Anth ||35||	So many intuitive people, so many selfless servants. O Nanak, His limit has no limit! ||35||	ਬੇਅੰਤ ਪਰਕਾਰ ਦੇ ਧਿਆਨ ਹਨ (ਜੋ ਜੀਵ ਮਨ ਦੁਆਰਾ ਲਾਂਦੇ ਹਨ), ਬੇਅੰਤ ਸੇਵਕ ਹਨ। ਹੇ ਨਾਨਕ! ਕੋਈ ਅੰਤ ਨਹੀਂ ਪੈ ਸਕਦਾ ॥੩੫॥
346	7	ਗਿਆਨ ਖੰਡ ਮਹਿ ਗਿਆਨੁ ਪਰਚੰਡੁ॥	(ਪਰਚੰਡੁ) ਤੇਜ਼ ਬਲ ਵਾਲਾ	Giaan Khandd Mehi Giaan Parachandd ||	In the realm of wisdom, spiritual wisdom reigns supreme.	ਗਿਆਨ ਖੰਡ ਵਿਚ (ਭਾਵ, ਮਨੁੱਖ ਦੀ ਗਿਆਨ ਅਵਸਥਾ ਵਿਚ) ਗਿਆਨ ਹੀ ਬਲਵਾਨ ਹੁੰਦਾ ਹੈ।
347	7	ਤਿਥੈ ਨਾਦ ਬਿਨੋਦ ਕੋਡ ਅਨੰਦੁ॥	(ਨਾਦ) ਰਾਗ। (ਬਿਨੋਦ) ਖੇਲ। (ਕੋਡ) ਕ੍ਰੋੜਾਂ	Thithhai Naadh Binodh Kodd Anandh ||	The Sound-current of the Naad vibrates there, amidst the sounds and the sights of bliss.	ਇਸ ਅਵਸਥਾ ਵਿਚ (ਮਾਨੋ) ਸਭ ਰਾਗਾਂ, ਤਮਾਸ਼ਿਆਂ ਤੇ ਕੌਤਕਾਂ ਦਾ ਸੁਆਦ ਆ ਜਾਂਦਾ ਹੈ।
348	8	ਸਰਮ ਖੰਡ ਕੀ ਬਾਣੀ ਰੂਪੁ॥	(ਸਰਮ) ਉੱਦਮ, ਲੱਜਾ। (ਬਾਣੀ) ਬਣਾਵਟ। (ਰੂਪੁ) ਸੁੰਦਰਤਾ	Saram Khandd Kee Baanee Roop ||	In the realm of humility, the Word is Beauty.	ਉੱਦਮ ਅਵਸਥਾ ਦੀ ਬਨਾਵਟ ਸੁੰਦਰਤਾ ਹੈ (ਭਾਵ, ਇਸ ਅਵਸਥਾ ਵਿਚ ਆ ਕੇ ਮਨ ਦਿਨੋ ਦਿਨ ਸੋਹਣਾ ਬਣਨਾ ਸ਼ੁਰੂ ਹੋ ਜਾਂਦਾ ਹੈ)।
349	8	ਤਿਥੈ ਘਾੜਤਿ ਘੜੀਐ ਬਹੁਤੁ ਅਨੂਪੁ॥	(ਅਨੂਪ) ਸੁੰਦਰ	Thithhai Ghaarrath Gharreeai Bahuth Anoop ||	Forms of incomparable beauty are fashioned there.	ਇਸ ਅਵਸਥਾ ਵਿਚ (ਨਵੀਂ) ਘਾੜਤ ਦੇ ਕਾਰਨ ਮਨ ਬਹੁਤ ਸੋਹਣਾ ਘੜਿਆ ਜਾਂਦਾ ਹੈ।
350	8	ਤਾ ਕੀਆ ਗਲਾ ਕਥੀਆ ਨਾ ਜਾਹਿ॥	ਗੱਲਾਂ	Thaa Keeaa Galaa Kathheeaa Naa Jaahi ||	These things cannot be described.	ਉਸ ਅਵਸਥਾ ਦੀਆਂ ਗੱਲਾਂ ਬਿਆਨ ਨਹੀਂ ਕੀਤੀਆਂ ਜਾ ਸਕਦੀਆਂ।

351	8	ਜੇ ਕੋ ਕਹੈ ਪਿਛੈ ਪਛੁਤਾਇ॥		Jae Ko Kehai Pishhai Pashhuthaae ||	One who tries to speak of these shall regret the attempt.	ਜੇ ਕੋਈ ਮਨੁੱਖ ਬਿਆਨ ਕਰਦਾ ਹੈ, ਤਾਂ ਪਿੱਛੋਂ ਪਛੁਤਾਉਂਦਾ ਹੈ (ਕਿਉਂਕਿ ਉਹ ਬਿਆਨ ਕਰਨ ਦੇ ਅਸਮਰਥ ਰਹਿੰਦਾ ਹੈ)।
352	8	ਤਿਥੈ ਘੜੀਐ ਸੁਰਤਿ ਮਤਿ ਮਨਿ ਬੁਧਿ॥	ਸਿਹਾਰੀਆਂ ਲਾਉ	Thithhai Gharreeai Surath Math Man Budhh ||	The intuitive consciousness, intellect and understanding of the mind are shaped there.	ਉਸ ਮਿਹਨਤ ਵਾਲੀ ਅਵਸਥਾ ਵਿਚ ਮਨੁੱਖ ਦੀ ਸੁਰਤ ਤੇ ਮਤ ਘੜੀ ਜਾਂਦੀ ਹੈ, (ਭਾਵ, ਸੁਰਤ ਤੇ ਮਤ ਉੱਚੀ ਹੋ ਜਾਂਦੀ ਹੈ) ਅਤੇ ਮਨ ਵਿਚ ਜਾਗ੍ਰਤ ਪੈਦਾ ਹੋ ਜਾਂਦੀ ਹੈ।
353	8	ਤਿਥੈ ਘੜੀਐ ਸੁਰਾ ਸਿਧਾ ਕੀ ਸੁਧਿ॥੩੬॥	(ਸੁਰਾਂ) ਦੇਵਤਿਆਂ। (ਸੁੱਧਿ) ਸੁਰਤੀ	Thithhai Gharreeai Suraa Sidhhaa Kee Sudhh ||36||	The consciousness of the spiritual warriors and the Siddhas, the beings of spiritual perfection, are shaped there. ||36||	ਸਰਮ ਖੰਡ ਵਿਚ ਦੇਵਤਿਆਂ ਤੇ ਸਿੱਧਾਂ ਵਾਲੀ ਅਕਲ (ਮਨੁੱਖ ਦੇ ਅੰਦਰ) ਬਣ ਜਾਂਦੀ ਹੈ ॥੩੬॥
354	8	ਕਰਮ ਖੰਡ ਕੀ ਬਾਣੀ ਜੋਰੁ॥	(ਕਰਮ) ਬਖ਼ਸ਼ਸ਼	Karam Khandd Kee Baanee Jor ||	In the realm of karma, the Word is Power.	ਬਖ਼ਸ਼ਸ਼ ਵਾਲੀ ਅਵਸਥਾ ਦੀ ਬਨਾਵਟ ਬਲ ਹੈ, (ਭਾਵ, ਜਦੋਂ ਮਨੁੱਖ ਉੱਤੇ ਅਕਾਲ ਪੁਰਖ ਦੀ ਮਿਹਰ ਦੀ ਨਜ਼ਰ ਹੁੰਦੀ ਹੈ, ਤਾਂ ਉਸ ਦੇ ਅੰਦਰ ਅਜਿਹਾ ਬਲ ਪੈਦਾ ਹੁੰਦਾ ਹੈ ਕਿ ਵਿਸ਼ੇ-ਵਿਕਾਰ ਉਸ ਉੱਤੇ ਆਪਣਾ ਪਰਭਾਵ ਨਹੀਂ ਪਾ ਸਕਦੇ),
355	8	ਤਿਥੈ ਹੋਰੁ ਨ ਕੋਈ ਹੋਰੁ॥		Thithhai Hor N Koee Hor ||	No one else dwells there,	ਕਿਉਂਕਿ ਉਸ ਅਵਸਥਾ ਵਿਚ (ਮਨੁੱਖ ਦੇ ਅੰਦਰ) ਅਕਾਲ ਪੁਰਖ ਤੋਂ ਬਿਨਾ ਕੋਈ ਦੂਜਾ ਉੱਕਾ ਹੀ ਨਹੀਂ ਰਹਿੰਦਾ।

356	8	ਤਿਥੈ ਜੋਧ ਮਹਾ ਬਲ ਸੂਰ॥		Thithhai Jodhh Mehaabal Soor ||	Except the warriors of great power, the spiritual heroes.	ਉਸ ਅਵਸਥਾ ਵਿਚ(ਜੋ ਮਨੁੱਖ ਹਨ ਉਹ) ਜੋਧੇ, ਮਹਾਂਬਲੀ ਤੇ ਸੂਰਮੇ ਹਨ।
357	8	ਤਿਨ ਮਹਿ ਰਾਮੁ ਰਹਿਆ ਭਰਪੂਰ॥		Thin Mehi Raam Rehiaa Bharapoor ||	They are totally fulfilled, imbued with the Lord's Essence.	ਉਹਨਾਂ ਦੇ ਰੋਮ ਰੋਮ ਵਿਚ ਅਕਾਲ ਪੁਰਖ ਵੱਸ ਰਿਹਾ ਹੈ।
358	8	ਤਿਥੈ ਸੀਤੋ ਸੀਤਾ ਮਹਿਮਾ ਮਾਹਿ॥	(ਸੀਤੋ ਸੀਤਾ) ਪਰੋਤਾ ਹੋਇਆ। ਸੀਤੋ ਸੀਤਾ: ਦਰਮਿਆਨਾ ਮੀਡੀਅਮ ਭਾਰਾ ਬੋਲੋ	Thithhai Seetho Seethaa Mehimaa Maahi ||	Myriads of Sitas are there, cool and calm in their majestic glory.	ਉਸ (ਬਖ਼ਸ਼ਸ਼) ਅਵਸਥਾ ਵਿਚ ਅੱਪੜੇ ਹੋਏ ਮਨੁੱਖਾਂ ਦਾ ਮਨ ਨਿਰੋਲ ਅਕਾਲ ਪੁਰਖ ਦੀ ਵਡਿਆਈ ਵਿਚ ਪਰੋਤਾ ਰਹਿੰਦਾ ਹੈ।
359	8	ਤਾ ਕੇ ਰੂਪ ਨ ਕਥਨੇ ਜਾਹਿ॥		Thaa Kae Roop N Kathhanae Jaahi ||	Their beauty cannot be described.	(ਉਹਨਾਂ ਦੇ ਸਰੀਰ ਅਜਿਹੇ ਕੰਚਨ ਦੀ ਵੰਨੀ ਵਾਲੇ ਹੋ ਜਾਂਦੇ ਹਨ ਕਿ) ਉਹਨਾਂ ਦੇ ਸੋਹਣੇ ਰੂਪ ਵਰਣਨ ਨਹੀਂ ਕੀਤੇ ਜਾ ਸਕਦੇ (ਉਹਨਾਂ ਦੇ ਮੂੰਹ ਉੱਤੇ ਨੂਰ ਹੀ ਨੂਰ ਲਿਸ਼ਕਦਾ ਹੈ)।
360	8	ਨਾ ਓਹਿ ਮਰਹਿ ਨ ਠਾਗੇ ਜਾਹਿ॥	ਮਰ-ਹਿ	Naa Ouhi Marehi N Thaagae Jaahi ||	Neither death nor deception comes to those,	(ਇਸ ਅਵਸਥਾ ਵਿਚ) ਉਹ ਆਤਮਕ ਮੌਤ ਨਹੀਂ ਮਰਦੇ ਤੇ ਮਾਇਆ ਉਹਨਾਂ ਨੂੰ ਠੱਗ ਨਹੀਂ ਸਕਦੀ,
361	8	ਜਿਨ ਕੈ ਰਾਮੁ ਵਸੈ ਮਨ ਮਾਹਿ॥	ਵਸੈ: ਪੋਲਾ ਬੋਲੋ	Jin Kai Raam Vasai Man Maahi ||	Within whose minds the Lord abides.	ਜਿਨ੍ਹਾਂ ਦੇ ਮਨ ਵਿਚ ਅਕਾਲ ਪੁਰਖ ਵੱਸਦਾ ਹੈ।
362	8	ਤਿਥੈ ਭਗਤ ਵਸਹਿ ਕੇ ਲੋਅ॥	(ਕੇ) ਕਈ। (ਲੋਅ) ਲੋਕਾਂ ਦੇ ਭਗਤ। ਵਸ-ਹਿ: ਪੋਲਾ ਬੋਲੋ	Thithhai Bhagath Vasehi Kae Loa ||	The devotees of many worlds dwell there.	ਉਸ ਅਵਸਥਾ ਵਿਚ ਕਈ ਭਵਣਾਂ ਦੇ ਭਗਤ ਜਨ ਵੱਸਦੇ ਹਨ,

363	8	ਕਰਹਿ ਅਨੰਦੁ ਸਚਾ ਮਨਿ ਸੋਇ॥	ਕਰ-ਹਿ	Karehi Anandh Sachaa Man Soe ||	They celebrate; their minds are imbued with the True Lord.	ਜੋ ਸਦਾ ਖਿੜੇ ਰਹਿੰਦੇ ਹਨ, (ਕਿਉਂਕਿ) ਉਹ ਸੱਚਾ ਅਕਾਲ ਪੁਰਖ ਉਹਨਾਂ ਦੇ ਮਨ ਵਿਚ (ਮੌਜੂਦ) ਹੈ।
364	8	ਸਚਖੰਡਿ ਵਸੈ ਨਿਰੰਕਾਰੁ॥		Sach Khandd Vasai Nirankaar ||	In the realm of Truth, the Formless Lord abides.	ਸੱਚ ਖੰਡ ਵਿਚ (ਭਾਵ,ਅਕਾਲ ਪੁਰਖ ਨਾਲ ਇੱਕ ਰੂਪ ਹੋਣ ਵਾਲੀ ਅਵਸਥਾ ਵਿਚ) ਮਨੁੱਖ ਦੇ ਅੰਦਰ ਉਹ ਅਕਾਲ ਪੁਰਖ ਆਪ ਹੀ ਵੱਸਦਾ ਹੈ,
365	8	ਕਰਿ ਕਰਿ ਵੇਖੈ ਨਦਰਿ ਨਿਹਾਲ॥		Kar Kar Vaekhai Nadhar Nihaal ||	Having created the creation, He watches over it. By His Glance of Grace, He bestows happiness.	ਜੋ ਸ੍ਰਿਸ਼ਟੀ ਨੂੰ ਰਚ ਰਚ ਕੇ ਮਿਹਰ ਦੀ ਨਜ਼ਰ ਨਾਲ ਉਸ ਦੀ ਸੰਭਾਲ ਕਰਦਾ ਹੈ।
366	8	ਤਿਥੈ ਖੰਡ ਮੰਡਲ ਵਰਭੰਡ॥	(ਵਰਭੰਡ) ਬ੍ਰਹਮੰਡ, ਮੰਡਲਾਂ ਦੇ ਸਮੂਹ	Thithhai Khandd Manddal Varabhandd ||	There are planets, solar systems and galaxies.	ਉਸ ਅਵਸਥਾ ਵਿਚ (ਭਾਵ, ਅਕਾਲ ਪੁਰਖ ਨਾਲ ਇੱਕ-ਰੂਪ ਹੋਣ ਵਾਲੀ ਅਵਸਥਾ ਵਿਚ) ਮਨੁੱਖ ਨੂੰ ਬੇਅੰਤ ਖੰਡ, ਮੰਡਲ ਤੇ ਬੇਅੰਤ ਬ੍ਰਹਿਮੰਡ (ਦਿੱਸਦੇ ਹਨ, ਇਤਨੇ ਬੇਅੰਤ ਕਿ)
367	8	ਜੇ ਕੋ ਕਥੈ ਤ ਅੰਤ ਨ ਅੰਤ॥		Jae Ko Kathhai Th Anth N Anth ||	If one speaks of them, there is no limit, no end.	ਜੇ ਕੋਈ ਮਨੁੱਖ ਇਸ ਦਾ ਕਥਨ ਕਰਨ ਲੱਗੇ, ਤਾਂ ਉਹਨਾਂ ਦੇ ਓੜਕ ਨਹੀਂ ਪੈ ਸਕਦੇ।
368	8	ਤਿਥੈ ਲੋਅ ਲੋਅ ਆਕਾਰ॥	(ਲੋਅ ਲੋਅ) ਕਈ ਲੋਕ ਭਵਨ	Thithhai Loa Loa Aakaar ||	There are worlds upon worlds of His Creation.	ਉਸ ਅਵਸਥਾ ਵਿਚ ਬੇਅੰਤ ਭਵਣ ਤੇ ਅਕਾਰ ਦਿੱਸਦੇ ਹਨ, (ਜਿਨ੍ਹਾਂ ਸਭਨਾਂ ਵਿਚ)

369	8	ਜਿਵ ਜਿਵ ਹੁਕਮੁ ਤਿਵੈ ਤਿਵ ਕਾਰ॥		Jiv Jiv Hukam Thivai Thiv Kaar ||	As He commands, so they exist.	ਉਸੇ ਤਰ੍ਹਾਂ ਕਾਰ ਚੱਲ ਰਹੀ ਹੈ ਜਿਵੇਂ ਅਕਾਲ ਪੁਰਖ ਦਾ ਹੁਕਮ ਹੁੰਦਾ ਹੈ (ਭਾਵ, ਇਸ ਅਵਸਥਾ ਵਿਚ ਅੱਪੜ ਕੇ ਮਨੁੱਖ ਨੂੰ ਹਰ ਥਾਂ ਅਕਾਲ ਪੁਰਖ ਦੀ ਰਜ਼ਾ ਵਰਤਦੀ ਦਿੱਸਦੀ ਹੈ)।
370	8	ਵੇਖੈ ਵਿਗਸੈ ਕਰਿ ਵੀਚਾਰੁ॥	ਵਿਗਸੈ: ਪੋਲਾ ਬੋਲੋ	Vaekhai Vigasai Kar Veechaar ||	He watches over all, and contemplating the creation, He rejoices.	(ਉਸ ਨੂੰ ਪਰਤੱਖ ਦਿਸੱਦਾ ਹੈ ਕਿ) ਅਕਾਲ ਪੁਰਖ ਵੀਚਾਰ ਕਰਕੇ (ਸਭ ਜੀਵਾਂ ਦੀ) ਸੰਭਾਲ ਕਰਦਾ ਹੈ ਤੇ ਖੁਸ਼ ਹੁੰਦਾ ਹੈ।
371	8	ਨਾਨਕ ਕਥਨਾ ਕਰੜਾ ਸਾਰੁ॥੩੭॥		Naanak Kathhanaa Kararraa Saar ||37||	O Nanak, to describe this is as hard as steel! ||37||	ਹੇ ਨਾਨਕ! ਇਸ ਅਵਸਥਾ ਦਾ ਕਥਨ ਕਰਨਾ ਬਹੁਤ ਹੀ ਔਖਾ ਹੈ (ਭਾਵ, ਇਹ ਅਵਸਥਾ ਬਿਆਨ ਨਹੀਂ ਹੋ ਸਕਦੀ, ਅਨੁਭਵ ਹੀ ਕੀਤੀ ਜਾ ਸਕਦੀ ਹੈ) ॥੩੭॥
372	8	ਜਤੁ ਪਾਹਾਰਾ ਧੀਰਜੁ ਸੁਨਿਆਰੁ॥	(ਜਤੁ) ਇੰਦ੍ਰੀਆਂ ਨੂੰ ਕਾਬੂ ਚ ਰੱਖਣਾ।ਜਤੁ: ਪੋਲਾ ਬੋਲੋ। (ਪਾਹਾਰਾ) ਸੁਨਿਆਰੇ ਦੀ ਦੁਕਾਨ।	Jath Paahaaraa Dhheeraj Suniaar ||	Let self-control be the furnace, and patience the goldsmith.	(ਜੇ) ਜਤ-ਰੂਪ ਦੁਕਾਨ (ਹੋਵੇ), ਧੀਰਜ ਸੁਨਿਆਰਾ ਬਣੇ,

373	8	ਅਹਰਣਿ ਮਤਿ ਵੇਦੁ ਹਥੀਆਰੁ॥	(ਅਹਰਣਿ) ਲੋਹੇ ਦਾ ਪਿੰਡ ਜਿਸ ਤੇ ਲੋਹਾ ਕੁੱਟੀਦਾ ਹੈ। (ਵੇਦੁ) ਗਿਆਨ।ਅਹਰਣਿ: ਅਹ ਮੁਕਤਾ ਬੋਲ ਕੇ, ਰਣਿ ਣਾਣੇ ਨੂੰ ਸਿਹਾਰੀ ਲਾ ਕੇ, ਅਹ-ਰਣਿ ਬੋਲੋ। ਹਥੀ-ਆਰੁ: ਥੱਥੇ ਦੀ ਬਿਹਾਰੀ ਦੱਬ ਕੇ ਬੋਲੋ, ਹਾਹੇ ਤੇ ਅਧਕ ਨਹੀਂ ਲਾਉਣਾ।	Aharan Math Vaedh Hathheeaar ||	Let understanding be the anvil, and spiritual wisdom the tools.	ਮਨੁੱਖ ਦੀ ਆਪਣੀ ਮੱਤ ਅਹਿਰਣ ਹੋਵੇ, (ਉਸ ਮਤ-ਅਹਿਰਣ ਉੱਤੇ) ਗਿਆਨ ਹਥੌੜਾ (ਵੱਜੇ)।
374	8	ਭਉ ਖਲਾ ਅਗਨਿ ਤਪ ਤਾਉ॥	(ਖੱਲਾ) ਧੌਂਕਣੀ ਅੱਗ ਭਖਾਉਣ ਵਾਲੀ। ਸੁਨਿਆਰ ਦਾ ਇੱਕੋ ਹੀ ਖੱਲਾ ਹੁੰਦਾ ਹੈ। ਖਲਾਂ ਨਹੀਂ ਕਰਨਾ, ਖਲਾਂ ਦਾ ਅਰਥ ਮੂਰਖਾਂ ਹੈ। ਖੱਲਾ	Bho Khalaa Agan Thap Thaao ||	With the Fear of God as the bellows, fan the flames of tapa, the body's inner heat.	(ਜੇ) ਅਕਾਲ ਪੁਰਖ ਦਾ ਡਰ ਧੌਂਕਣੀ (ਹੋਵੇ), ਘਾਲ-ਕਮਾਈ ਅੱਗ (ਹੋਵੇ),
375	8	ਭਾਂਡਾ ਭਾਉ ਅੰਮ੍ਰਿਤੁ ਤਿਤੁ ਢਾਲਿ॥	ਤਿਤੁ: ਦਰਮਿਆਨਾ ਮੀਡੀਅਮ ਭਾਰਾ ਬੋਲੋ	Bhaanddaa Bhaao Anmrith Thith Dtaal ||	In the crucible of love, melt the Nectar of the Name,	ਪ੍ਰੇਮ ਕੁਠਾਲੀ ਹੋਵੇ, ਤਾਂ (ਹੇ ਭਾਈ!) ਉਸ (ਕੁਠਾਲੀ) ਵਿਚ ਅਕਾਲ ਪੁਰਖ ਦਾ ਅੰਮ੍ਰਿਤ ਨਾਮ ਗਲਾਵੋ।
376	8	ਘੜੀਐ ਸਬਦੁ ਸਚੀ ਟਕਸਾਲ॥	ਟਕਸਾਲ: ਪੋਲਾ ਬੋਲੋ	Gharreeai Sabadh Sachee Ttakasaal ||	And mint the True Coin of the Shabad, the Word of God.	(ਕਿਉਂਕਿ ਇਹੋ ਜਿਹੀ ਹੀ) ਸੱਚੀ ਟਕਸਾਲ ਵਿਚ (ਗੁਰੂ ਦਾ) ਸ਼ਬਦ ਘੜਿਆ ਜਾਂਦਾ ਹੈ।

377	8	ਜਿਨ ਕਉ ਨਦਰਿ ਕਰਮੁ ਤਿਨ ਕਾਰ॥		Jin Ko Nadhar Karam Thin Kaar ||	Such is the karma of those upon whom He has cast His Glance of Grace.	ਇਹ ਕਾਰ ਉਹਨਾਂ ਮਨੁੱਖਾਂ ਦੀ ਹੈ, ਜਿਨ੍ਹਾਂ ਉੱਤੇ ਮਿਹਰ ਦੀ ਨਜ਼ਰ ਹੁੰਦੀ ਹੈ।
378	8	ਨਾਨਕ ਨਦਰੀ ਨਦਰਿ ਨਿਹਾਲ॥੩੮॥		Naanak Nadharee Nadhar Nihaal ||38||	O Nanak, the Merciful Lord, by His Grace, uplifts and exalts them. ||38||	ਜਿੰਨ੍ਹਾਂ ਉੱਤੇ ਬਖ਼ਸ਼ਸ਼ ਹੁੰਦੀ ਹੈ, ਹੇ ਨਾਨਕ! ਉਹ ਮਨੁੱਖ ਅਕਾਲ ਪੁਰਖ ਦੀ ਕ੍ਰਿਪਾ-ਦ੍ਰਿਸ਼ਟੀ ਨਾਲ ਨਿਹਾਲ ਹੋ ਜਾਂਦਾ ਹੈ ॥੩੮॥{8}
379	8	ਸਲੋਕੁ॥	ਸਲੋਕ: ਸੱਸਾ ਮੁਕਤਾ ਸਵਾਰ ਕੇ ਬੋਲੋ, ਹੋੜਾ ਬੋਲ ਕੇ, ਕੱਕੇ ਔਂਕੜ ਸੰਕੋਚ ਕੇ ਲਾਉ। (ਮ-ਹੱਤੁ) ਵੱਡੀ। ਮਾਤਾ:ਪੋਲਾ ਬੋਲੋ	Salok ||	Shalok:	ਸਲੋਕੁ
380	8	ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ॥		Pavan Guroo Paanee Pithaa Maathaa Dhharath Mehath ||	Air is the Guru, Water is the Father, and Earth is the Great Mother of all.	ਪ੍ਰਾਣ (ਸਰੀਰਾਂ ਲਈ ਇਉਂ ਹਨ ਜਿਵੇਂ) ਗੁਰੂ (ਜੀਵਾਂ ਦੇ ਆਤਮਾ ਲਈ) ਹੈ। ਪਾਣੀ (ਸਭ ਜੀਵਾਂ ਦਾ) ਪਿਉ ਹੈ ਅਤੇ ਧਰਤੀ (ਸਭ ਦੀ) ਵੱਡੀ ਮਾਂ ਹੈ।
381	8	ਦਿਵਸੁ ਰਾਤਿ ਦੁਇ ਦਾਈ ਦਾਇਆ ਖੇਲੈ ਸਗਲ ਜਗਤੁ॥	ਖ੍ਹੇਲੈ। ਜੱਗ-ਤੁ	Dhivas Raath Dhue Dhaaee Dhaaeiaa Khaelai Sagal Jagath ||	Day and night are the two nurses, in whose lap all the world is at play.	ਦਿਨ ਅਤੇ ਰਾਤ ਦੋਵੇਂ ਖਿਡਾਵਾ ਤੇ ਖਿਡਾਵੀ ਹਨ, ਸਾਰਾ ਸੰਸਾਰ ਖੇਡ ਰਿਹਾ ਹੈ, (ਭਾਵ, ਸੰਸਾਰ ਦੇ ਸਾਰੇ ਜੀਵ ਰਾਤ ਨੂੰ ਸੌਣ ਵਿਚ ਅਤੇ ਦਿਨੇ ਕਾਰ-ਵਿਹਾਰ ਵਿਚ ਪਰਚੇ ਪਏ ਹਨ)।

382	8	ਚੰਗਿਆਈਆ ਬੁਰਿਆਈਆ ਵਾਚੈ ਧਰਮੁ ਹਦੂਰਿ॥	(ਵਾਚੈ) ਪਰਖੇ	Changiaaeeaa Buriaaeeaa Vaachai Dhharam Hadhoor ||	Good deeds and bad deeds-the record is read out in the Presence of the Lord of Dharma.	ਧਰਮਰਾਜ ਅਕਾਲ ਪੁਰਖ ਦੀ ਹਜ਼ੂਰੀ ਵਿਚ (ਜੀਵਾਂ ਦੇ ਕੀਤੇ ਹੋਏ) ਚੰਗੇ ਤੇ ਮੰਦੇ ਕੰਮ ਵਿਚਾਰਦਾ ਹੈ।
383	8	ਕਰਮੀ ਆਪੋ ਆਪਣੀ ਕੇ ਨੇੜੈ ਕੇ ਦੂਰਿ॥		Karamee Aapo Aapanee Kae Naerrai Kae Dhoor ||	According to their own actions, some are drawn closer, and some are driven farther away.	ਆਪੋ ਆਪਣੇ (ਇਹਨਾਂ ਕੀਤੇ ਹੋਏ) ਕਰਮਾਂ ਦੇ ਅਨੁਸਾਰ ਕਈ ਜੀਵ ਅਕਾਲ ਪੁਰਖ ਦੇ ਨੇੜੇ ਹੋ ਜਾਂਦੇ ਹਨ ਅਤੇ ਅਕਾਲ ਪੁਰਖ ਤੋਂ ਦੂਰ ਹੋ ਜਾਂਦੇ ਹਨ।
384	8	ਜਿਨੀ ਨਾਮੁ ਧਿਆਇਆ ਗਏ ਮਸਕਤਿ ਘਾਲਿ॥	(ਮ-ਸੱਕਤਿ) ਘਾਲ ਕਮਾਈ	Jinee Naam Dhhiaaeiaa Geae Masakath Ghaal ||	Those who have meditated on the Naam, the Name of the Lord, and departed after having worked by the sweat of their brows	ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੇ ਅਕਾਲ ਪੁਰਖ ਦਾ ਨਾਮ ਸਿਮਰਿਆ ਹੈ, ਉਹ ਆਪਣੀ ਮਿਹਨਤ ਸਫਲੀ ਕਰ ਗਏ ਹਨ।
385	8	ਨਾਨਕ ਤੇ ਮੁਖ ਉਜਲੇ ਕੇਤੀ ਛੁਟੀ ਨਾਲਿ॥੧॥	ਉੱਜਲੇ। ਕੇੱਤੀ। ਛੁੱਟੀ।	Naanak Thae Mukh Oujalae Kaethee Shhuttee Naal ||1||	-O Nanak, their faces are radiant in the Court of the Lord, and many are saved along with them! ||1||	(ਅਕਾਲ ਪੁਰਖ ਦੇ ਦਰ 'ਤੇ) ਉਹ ਉੱਜਲ ਮੁਖ ਵਾਲੇ ਹਨ ਅਤੇ (ਹੋਰ ਭੀ) ਕਈ ਜੀਵ ਉਹਨਾਂ ਦੀ ਸੰਗਤਿ ਵਿਚ (ਰਹਿ ਕੇ) ("ਕੂੜ ਦੀ ਪਾਲਿ" ਢਾਹ ਕੇ ਮਾਇਆ ਦੇ ਬੰਧਨਾਂ ਤੋਂ) ਆਜ਼ਾਦ ਹੋ ਗਏ ਹਨ ॥੧॥
386	8	ਸੋਦਰੁ ਰਾਗੁ ਆਸਾ ਮਹਲਾ ੧		So Dhar Raag Aasaa Mehalaa 1	So Dar ~ That Door. Raag Aasaa, First Mehl:	ਰਾਗ ਆਸਾ ਵਿੱਚ ਗੁਰੂ ਨਾਨਕ ਜੀ ਦੀ ਬਾਣੀ 'ਸੋ-ਦਰ'।

387	8	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
388	8	ਸੋ ਦਰੁ ਤੇਰਾ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ ਸਮਾਲੇ॥	ਜਿਤੁ: ਦਰਮਿਆਨਾ ਮੀਡੀਅਮ ਭਾਰਾ ਬੋਲੋ। ਸਮੱਾਲੇ	So Dhar Thaeraa Kaehaa So Ghar Kaehaa Jith Behi Sarab Samaalae ||	Where is That Door of Yours, and where is That Home, in which You sit and take care of all?	(ਹੇ ਪ੍ਰਭੂ!) ਤੇਰਾ ਉਹ ਘਰ ਅਤੇ (ਉਸ ਘਰ ਦਾ) ਉਹ ਦਰਵਾਜ਼ਾ ਬੜਾ ਹੀ ਅਸਚਰਜ ਹੋਵੇਗਾ, ਜਿੱਥੇ ਬੈਠ ਕੇ ਤੂੰ ਸਾਰੇ ਜੀਵਾਂ ਦੀ ਸੰਭਾਲ ਕਰ ਰਿਹਾ ਹੈਂ।
389	8	ਵਾਜੇ ਤੇਰੇ ਨਾਦ ਅਨੇਕ ਅਸੰਖਾ ਕੇਤੇ ਤੇਰੇ ਵਾਵਣਹਾਰੇ॥	(ਨਾਦ) ਧੁਨ। (ਵਾਵਣਹਾਰੇ) ਵਜਾਉਣ ਵਾਲੇ। ਵੱਾਜੇ। ਕੇੱਤੇ	Vaajae Thaerae Naadh Anaek Asankhaa Kaethae Thaerae Vaavanehaarae ||	The Sound-current of the Naad vibrates there for You, and countless musicians play all sorts of instruments there for You.	(ਤੇਰੀ ਇਸ ਰਚੀ ਹੋਈ ਕੁਦਰਤ ਵਿਚ) ਅਨੇਕਾਂ ਤੇ ਅਣਗਿਣਤ ਵਾਜੇ ਤੇ ਰਾਗ ਹਨ; ਬੇਅੰਤ ਹੀ ਜੀਵ (ਉਹਨਾਂ ਵਾਜਿਆਂ ਨੂੰ) ਵਜਾਣ ਵਾਲੇ ਹਨ।
390	8	ਕੇਤੇ ਤੇਰੇ ਰਾਗ ਪਰੀ ਸਿਉ ਕਹੀਅਹਿ ਕੇਤੇ ਤੇਰੇ ਗਾਵਣਹਾਰੇ॥	(ਪਰੀ) ਰਾਗਣੀਆਂ। ਕਹੀ-ਅਹਿ: ਅ ਮੁਕਤਾ ਬੋਲ ਕੇ, ਹਾਹੇ ਸਿਹਾਰੀ ਲਾਉ।	Kaethae Thaerae Raag Paree Sio Keheeahi Kaethae Thaerae Gaavanehaarae ||	There are so many Ragas and musical harmonies to You; so many minstrels sing hymns of You.	ਰਾਗਣੀਆਂ ਸਮੇਤ ਬੇਅੰਤ ਹੀ ਰਾਗਾਂ ਦੇ ਨਾਮ ਲਏ ਜਾਂਦੇ ਹਨ। ਅਨੇਕਾਂ ਹੀ ਜੀਵ (ਇਹਨਾਂ ਰਾਗ-ਰਾਗਣੀਆਂ ਦੀ ਰਾਹੀਂ ਤੈਨੂੰ) ਗਾਣ ਵਾਲੇ ਹਨ (ਤੇਰੀ ਸਿਫ਼ਤਿ ਦੇ ਗੀਤ ਗਾ ਰਹੇ ਹਨ)।

391	8	ਗਾਵਨਿ ਤੁਧਨੋ ਪਵਣੁ ਪਾਣੀ ਬੈਸੰਤਰੁ ਗਾਵੈ ਰਾਜਾਧਰਮੁ ਦੁਆਰੇ॥		Gaavan Thudhhano Pavan Paanee Baisanthar Gaavai Raajaa Dhharam Dhuaarae ||	Wind, water and fire sing of You. The Righteous Judge of Dharma sings at Your Door.	(ਹੇ ਪ੍ਰਭੂ!) ਹਵਾ ਪਾਣੀ ਅੱਗ (ਆਦਿਕ ਤੱਤ) ਤੇਰੇ ਗੁਣ ਗਾ ਰਹੇ ਹਨ (ਤੇਰੀ ਰਜ਼ਾ ਵਿਚ ਤੁਰ ਰਹੇ ਹਨ)। ਧਰਮ ਰਾਜ (ਤੇਰੇ) ਦਰ ਤੇ (ਖਲੋ ਕੇ ਤੇਰੀ ਸਿਫ਼ਤ-ਸਾਲਾਹ ਦੇ ਗੀਤ) ਗਾ ਰਿਹਾ ਹੈ।
392	8	ਗਾਵਨਿ ਤੁਧਨੋ ਚਿਤੁ ਗੁਪਤੁ ਲਿਖਿ ਜਾਣਨਿ ਲਿਖਿ ਲਿਖਿ ਧਰਮੁ ਬੀਚਾਰੇ॥	ਗਾ-ਵਨਿ: ਨੰਨੇ ਸਿਹਾਰੀ ਲਾਉ। ਚਿੱਤੁ	Gaavan Thudhhano Chith Gupath Likh Jaanan Likh Likh Dhharam Beechaarae ||	Chitr and Gupt, the angels of the conscious and the subconscious who keep the record of actions, and the Righteous Judge of Dharma who reads this record, sing of You.	ਉਹ ਚਿੱਤਰ ਗੁਪਤ ਭੀ ਜੋ (ਜੀਵਾਂ ਦੇ ਚੰਗੇ ਮੰਦੇ ਕਰਮਾਂ ਦੇ ਲੇਖੇ) ਲਿਖਣੇ ਜਾਣਦੇ ਹਨ ਅਤੇ ਜਿਨ੍ਹਾਂ ਦੇ ਲਿਖੇ ਹੋਏ ਧਰਮ ਰਾਜ ਵਿਚਾਰਦਾ ਹੈ ਤੇਰੀ ਸਿਫ਼ਤ-ਸਾਲਾਹ ਦੇ ਗੀਤ ਗਾ ਰਹੇ ਹਨ।
393	8	ਗਾਵਨਿ ਤੁਧਨੋ ਈਸਰੁ ਬ੍ਰਹਮਾ ਦੇਵੀ ਸੋਹਨਿ ਤੇਰੇ ਸਦਾ ਸਵਾਰੇ॥	ਬ੍ਰੈਹਮਾ ਨਹੀਂ ਬੋਲਣਾ, ਬ੍ਰ-ਹ ਮੁਕਤੇ ਬੋਲ ਕੇ, ਬ੍ਰਹਮਾ ਬੋਲੋ	Gaavan Thudhhano Eesar Brehamaa Dhaevee Sohan Thaerae Sadhaa Savaarae ||	Shiva, Brahma and the Goddess of Beauty, ever adorned by You, sing of You.	(ਹੇ ਪ੍ਰਭੂ!) ਅਨੇਕਾਂ ਦੇਵੀਆਂ ਸ਼ਿਵ ਅਤੇ ਬ੍ਰਹਮਾ (ਆਦਿਕ ਦੇਵਤੇ) ਜੋ ਤੇਰੇ ਸਵਾਰੇ ਹੋਏ ਹਨ ਸਦਾ (ਤੇਰੇ ਦਰ ਤੇ) ਸੋਭ ਰਹੇ ਹਨ ਤੈਨੂੰ ਗਾ ਰਹੇ ਹਨ (ਤੇਰੇ ਗੁਣ ਗਾ ਰਹੇ ਹਨ)।

394	8	ਗਾਵਨਿ ਤੁਧਨੋ ਇੰਦ੍ਰ ਇੰਦ੍ਰਾਸਣਿ ਬੈਠੇ ਦੇਵਤਿਆ ਦਰਿ ਨਾਲੇ॥	(ਇੰਦ੍ਰਾਸਣਿ) ਇੰਦ੍ਰ ਦੇ ਆਸਣ ਤੇ	Gaavan Thudhhano Eindhr Eindhraasan Baithae Dhaevathiaa Dhar Naalae ||	Indra, seated on His Throne, sings of You, with the deities at Your Door.	ਕਈ ਇੰਦਰ ਦੇਵਤੇ ਆਪਣੇ ਤਖ਼ਤ ਉੱਤੇ ਬੈਠੇ ਹੋਏ ਦੇਵਤਿਆਂ ਸਮੇਤ ਤੇਰੇ ਦਰ ਉੱਤੇ ਤੈਨੂੰ ਗਾ ਰਹੇ ਹਨ (ਤੇਰੀ ਸਿਫ਼ਤ-ਸਾਲਾਹ ਦੇ ਗੀਤ ਗਾ ਰਹੇ ਹਨ)।
395	8	ਗਾਵਨਿ ਤੁਧਨੋ ਸਿਧ ਸਮਾਧੀ ਅੰਦਰਿ ਗਾਵਨਿ ਤੁਧਨੋ ਸਾਧ ਬੀਚਾਰੇ॥		Gaavan Thudhhano Sidhh Samaadhhee Andhar Gaavan Thudhhano Saadhh Beechaarae ||	The Siddhas in Samaadhi sing of You; the Saadhus sing of You in contemplation.	(ਹੇ ਪ੍ਰਭੂ!) ਸਿੱਧ ਲੋਕ ਸਮਾਧੀਆਂ ਲਾ ਕੇ ਤੈਨੂੰ ਗਾ ਰਹੇ ਹਨ। ਸਾਧ ਜਨ (ਤੇਰੇ ਗੁਣਾਂ ਦੀ) ਵਿਚਾਰ ਕਰ ਕੇ ਤੈਨੂੰ ਸਲਾਹ ਰਹੇ ਹਨ।
396	9	ਗਾਵਨਿ ਤੁਧਨੋ ਜਤੀ ਸਤੀ ਸੰਤੋਖੀ ਗਾਵਨਿ ਤੁਧਨੋ ਵੀਰ ਕਰਾਰੇ॥	(ਕਰਾਰੇ) ਤਕੜੇ। (ਵੀਰ) ਸੂਰਮੇ। ਜਤੀ ਸਤੀ: ਪੋਲੇ ਬੋਲੋ	Gaavan Thudhhano Jathee Sathee Santhokhee Gaavan Thudhhano Veer Karaarae ||	The celibates, the fanatics, and the peacefully accepting sing of You; the fearless warriors sing of You.	ਜਤੀ, ਦਾਨੀ ਅਤੇ ਸੰਤੋਖੀ ਬੰਦੇ ਭੀ ਤੇਰੇ ਹੀ ਗੁਣ ਗਾ ਰਹੇ ਹਨ। ਬੇਅੰਤ ਤਕੜੇ ਸੂਰਮੇ ਤੇਰੀਆਂ ਹੀ ਵਡਿਆਈਆਂ ਕਰ ਰਹੇ ਹਨ।

397	9	ਗਾਵਨਿ ਤੁਧਨੋ ਪੰਡਿਤ ਪੜਨਿ ਰਖੀਸੁਰ ਜੁਗੁ ਜੁਗੁ ਵੇਦਾ ਨਾਲੇ॥	ਜਿੱਥੇ ਪੜ੍ਹਨ ਦਾ ਅਰਥ ਬਣੇ, ਉੱਥੇ ਪੜ੍ਹੇ, ਪੜ੍ਹਨ ਝਾੜਾ ਭਾਰਾ ਕਰਨਾ, ਭਾਵ ਝਾੜੇ ਨੂੰ ਹਲੰਤ ਲਾਉਣਾ। ਜਿੱਥੇ ਪੜ੍ਹੇ ਪੜ੍ਹਨ ਪੈਣ ਦਾ ਅਰਥ ਬਣੇ ਉੱਥੇ ਝਾੜੇ ਨੂੰ ਹਲੰਤ ਨਹੀਂ ਲਾਉਣਾ। ਪੜ੍ਹਨਿ, ਜੁੱਗੁ	Gaavan Thudhhano Panddith Parran Rakheesur Jug Jug Vaedhaa Naalae ||	The Pandits, the religious scholars who recite the Vedas, with the supreme sages of all the ages, sing of You.	(ਹੇ ਪ੍ਰਭੂ!) ਪੰਡਿਤ ਅਤੇ ਮਹਾ ਰਿਖੀ ਜੋ (ਵੇਦਾਂ ਨੂੰ ਪੜ੍ਹਦੇ ਹਨ, ਵੇਦਾਂ ਸਣੇ ਤੇਰਾ ਹੀ ਜਸ ਕਰ ਰਹੇ ਹਨ।
398	9	ਗਾਵਨਿ ਤੁਧਨੋ ਮੋਹਣੀਆ ਮਨੁ ਮੋਹਨਿ ਸੁਰਗੁ ਮਛੁ ਪਇਆਲੇ॥	(ਮੋਹਣੀਆ) ਅਪੱਛਰਾਂ। (ਮੱਛੁ) ਮਾਤ ਲੋਕ। ਪ-ਇਆਲੇ: ਪੱਪੇ ਸਿਹਾਰੀ ਨਹੀਂ ਮੁਕਤਾ ਬੋਲੋ।(ਪ-ਇਆਲੇ) ਪਤਾਲ ਲੋਕ	Gaavan Thudhhano Mohaneeaa Man Mohan Surag Mashh Paeiaalae ||	The Mohinis, the enchanting heavenly beauties who entice hearts in paradise, in this world, and in the underworld of the subconscious, sing of You.	ਸੁੰਦਰ ਇਸਤ੍ਰੀਆਂ ਜੋ (ਆਪਣੀ ਸੁੰਦਰਤਾ ਨਾਲ ਮਨੁੱਖ ਦੇ) ਮਨ ਨੂੰ ਮੋਹ ਲੈਂਦੀਆਂ ਹਨ ਤੈਨੂੰ ਹੀ ਗਾ ਰਹੀਆਂ ਹਨ, (ਭਾਵ, ਤੇਰੀ ਸੁੰਦਰਤਾ ਦਾ ਪਰਕਾਸ਼ ਕਰ ਰਹੀਆਂ ਹਨ)। ਸੁਰਗ-ਲੋਕ, ਮਾਤ-ਲੋਕ ਅਤੇ ਪਤਾਲ-ਲੋਕ (ਭਾਵ, ਸੁਰਗ ਮਾਤ ਅਤੇ ਪਤਾਲ ਦੇ ਸਾਰੇ ਜੀਆ ਜੰਤ) ਤੇਰੀ ਹੀ ਵਡਿਆਈ ਕਰ ਰਹੇ ਹਨ।
399	9	ਗਾਵਨਿ ਤੁਧਨੋ ਰਤਨ ਉਪਾਏ ਤੇਰੇ ਅਠਸਠਿ ਤੀਰਥ ਨਾਲੇ॥	(ਅੱਠਸੱਠਿ) ਅਠਾਹਟ	Gaavan Thudhhano Rathan Oupaaeae Thaerae Athasath Theerathh Naalae ||	The celestial jewels created by You, and the sixty-eight sacred shrines of pilgrimage, sing of You.	(ਹੇ ਪ੍ਰਭੂ!) ਤੇਰੇ ਪੈਦਾ ਕੀਤੇ ਹੋਏ ਰਤਨ ਅਠਾਹਠ ਤੀਰਥਾਂ ਸਮੇਤ ਤੈਨੂੰ ਹੀ ਗਾ ਰਹੇ ਹਨ।

400	9	ਗਾਵਨਿ ਤੁਧਨੋ ਜੋਧ ਮਹਾ ਬਲ ਸੂਰਾ ਗਾਵਨਿ ਤੁਧਨੋ ਖਾਣੀ ਚਾਰੇ॥	(ਜੋਧ) ਜੋਧੇ। (ਖਾਣੀ ਚਾਰੇ) ਚਾਰੇ ਖਾਣੀਆਂ ਅੰਡਜ ਜੇਰਜ ਸੇਤਜ ਉਤਭੁਜ ਦੇ ਜੀਵ ਭਾਵ ਸਾਰੀ ਸ੍ਰਿਸ਼ਟੀ	Gaavan Thudhhano Jodhh Mehaabal Sooraa Gaavan Thudhhano Khaanee Chaarae ||	The brave and mighty warriors sing of You. The spiritual heroes and the four sources of creation sing of You.	ਵੱਡੇ ਬਲ ਵਾਲੇ ਜੋਧੇ ਅਤੇ ਸੂਰਮੇ (ਤੇਰਾ ਦਿੱਤਾ ਬਲ ਵਿਖਾ ਕੇ) ਤੇਰੀ ਹੀ (ਤਾਕਤ ਦੀ) ਸਿਫ਼ਤਿ ਕਰ ਰਹੇ ਹਨ। ਚੌਹਾਂ ਹੀ ਖਾਣੀਆਂ ਦੇ ਜੀਅ ਜੰਤ ਤੈਨੂੰ ਗਾ ਰਹੇ ਹਨ।
401	9	ਗਾਵਨਿ ਤੁਧਨੋ ਖੰਡ ਮੰਡਲ ਬ੍ਰਹਮੰਡਾ ਕਰਿ ਕਰਿ ਰਖੇ ਤੇਰੇ ਧਾਰੇ॥	ਬ੍ਰੈਹਮੰਡਾ ਨਹੀਂ ਕਹਿਣਾ, ਬ੍ਰ-ਹ ਮੁਕਤੇ ਬੋਲ ਕੇ ਬ੍ਰਹ-ਮੰਡਾ ਬੋਲੋ	Gaavan Thudhhano Khandd Manddal Brehamanddaa Kar Kar Rakhae Thaerae Dhhaarae ||	The worlds, solar systems and galaxies, created and arranged by Your Hand, sing of You.	ਸਾਰੀ ਸ੍ਰਿਸ਼ਟੀ, ਸ੍ਰਿਸ਼ਟੀ ਦੇ ਸਾਰੇ ਖੰਡ ਤੇ ਮੰਡਲ, ਜੋ ਤੂੰ ਪੈਦਾ ਕਰ ਕੇ ਟਿਕਾ ਰੱਖੇ ਹਨ, ਤੈਨੂੰ ਹੀ ਗਾਉਂਦੇ ਹਨ।
402	9	ਸੇਈ ਤੁਧਨੋ ਗਾਵਨਿ ਜੋ ਤੁਧੁ ਭਾਵਨਿ ਰਤੇ ਤੇਰੇ ਭਗਤ ਰਸਾਲੇ॥	(ਰਸਾਲੇ) ਰਸਾਂ ਦੇ ਘਰ। ਰੱਤੇ	Saeee Thudhhano Gaavan Jo Thudhh Bhaavan Rathae Thaerae Bhagath Rasaalae ||	They alone sing of You, who are pleasing to Your Will. Your devotees are imbued with Your Sublime Essence.	(ਹੇ ਪ੍ਰਭੂ!) ਅਸਲ ਵਿਚ ਉਹੀ ਬੰਦੇ ਤੇਰੀ ਸਿਫ਼ਤ-ਸਾਲਾਹ ਕਰਦੇ ਹਨ (ਭਾਵ, ਉਹਨਾਂ ਦੀ ਕੀਤੀ ਸਿਫ਼ਤ-ਸਾਲਾਹ ਸਫਲ ਹੈ) ਜੋ ਤੇਰੇ ਪ੍ਰੇਮ ਵਿਚ ਰੰਗੇ ਹੋਏ ਹਨ ਅਤੇ ਤੇਰੇ ਰਸੀਏ ਭਗਤ ਹਨ, ਉਹੀ ਬੰਦੇ ਤੈਨੂੰ ਪਿਆਰੇ ਲੱਗਦੇ ਹਨ।

403	9	ਹੋਰਿ ਕੇਤੇ ਤੁਧਨੋ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਬੀਚਾਰੇ॥		Hor Kaethae Thudhhano Gaavan Sae Mai Chith N Aavan Naanak Kiaa Beechaarae ||	So many others sing of You, they do not come to mind. O Nanak, how can I think of them all?	ਅਨੇਕਾਂ ਹੋਰ ਜੀਵ ਤੇਰੀ ਵਡਿਆਈ ਕਰ ਰਹੇ ਹਨ, ਜੋ ਮੈਥੋਂ ਗਿਣੇ ਨਹੀਂ ਜਾ ਸਕਦੇ। (ਭਲਾ, ਇਸ ਗਿਣਤੀ ਬਾਰੇ) ਨਾਨਕ ਕੀਹ ਵਿਚਾਰ ਕਰ ਸਕਦਾ ਹੈ? (ਨਾਨਕ ਇਹ ਵਿਚਾਰ ਕਰਨ-ਜੋਗਾ ਨਹੀਂ ਹੈ)।
404	9	ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ॥	(ਨਾਈ) ਵਡਿਆਈ	Soee Soee Sadhaa Sach Saahib Saachaa Saachee Naaee ||	That True Lord is True, forever True, and True is His Name.	ਜਿਸ (ਪ੍ਰਭੂ) ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹ ਇਸ ਵੇਲੇ ਭੀ ਮੌਜੂਦ ਹੈ, ਤੇ ਸਦਾ ਕਾਇਮ ਰਹਿਣ ਵਾਲਾ ਹੈ।
405	9	ਹੈ ਭੀ ਹੋਸੀ ਜਾਇ ਨ ਜਾਸੀ ਰਚਨਾ ਜਿਨਿ ਰਚਾਈ॥	ਭੀ ਨੂੰ ਬੱਬਾ ਭਾਰਾ ਬ੍ਹੀ ਨਹੀਂ ਬੋਲਣਾ, ਸਾਫ਼ ਭੱਭਾ ਬੋਲੋ	Hai Bhee Hosee Jaae N Jaasee Rachanaa Jin Rachaaee ||	He is, and shall always be. He shall not depart, even when this Universe which He has created departs.	ਉਹ ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ। ਉਸ ਦੀ ਵਡਿਆਈ ਸਦਾ ਕਾਇਮ ਰਹਿਣ ਵਾਲੀ ਹੈ।
406	9	ਰੰਗੀ ਰੰਗੀ ਭਾਤੀ ਕਰਿ ਕਰਿ ਜਿਨਸੀ ਮਾਇਆ ਜਿਨਿ ਉਪਾਈ॥	(ਭਾਤੀ) ਭਾਂਤਾਂ ਦੀ। (ਜਿਨਸੀ) ਕਿਸਮਾਂ ਦੀ	Rangee Rangee Bhaathee Kar Kar Jinasee Maaeiaa Jin Oupaaee ||	He created the world, with its various colors, species of beings, and the variety of Maya.	ਜਿਸ ਪ੍ਰਭੂ ਨੇ ਕਈ ਰੰਗਾਂ ਕਿਸਮਾਂ ਤੇ ਜਿਨਸਾਂ ਦੀ ਮਾਇਆ ਰਚ ਦਿੱਤੀ ਹੈ।

407	9	ਕਰਿ ਕਰਿ ਦੇਖੈ ਕੀਤਾ ਆਪਣਾ ਜਿਉ ਤਿਸ ਦੀ ਵਡਿਆਈ॥		Kar Kar Dhaekhai Keethaa Aapanaa Jio This Dhee Vaddiaaee ||	Having created the creation, He watches over it Himself, by His Greatness.	ਉਹ, ਜਿਵੇਂ ਉਸ ਦੀ ਰਜ਼ਾ ਹੈ, ਜਗਤ ਨੂੰ ਪੈਦਾ ਕਰ ਕੇ ਆਪਣੇ ਪੈਦਾ ਕੀਤੇ ਹੋਏ ਦੀ ਸੰਭਾਲ ਕਰ ਰਿਹਾ ਹੈ।
408	9	ਜੋ ਤਿਸੁ ਭਾਵੈ ਸੋਈ ਕਰਸੀ ਫਿਰਿ ਹੁਕਮੁ ਨ ਕਰਣਾ ਜਾਈ॥		Jo This Bhaavai Soee Karasee Fir Hukam N Karanaa Jaaee ||	He does whatever He pleases. No one can issue any order to Him.	ਜੋ ਕੁਝ ਉਸ (ਪ੍ਰਭੂ) ਨੂੰ ਚੰਗਾ ਲੱਗਦਾ ਹੈ ਉਹੀ ਉਹ ਕਰਦਾ ਹੈ। ਕੋਈ ਜੀਵ ਉਸ ਦੇ ਅੱਗੇ ਹੈਂਕੜ ਨਹੀਂ ਵਿਖਾ ਸਕਦਾ (ਕੋਈ ਜੀਵ ਉਸ ਨੂੰ ਇਹ ਨਹੀਂ ਆਖ ਸਕਦਾ 'ਇਉਂ ਨਹੀਂ, ਇਉਂ ਕਰ')।
409	9	ਸੋ ਪਾਤਿਸਾਹੁ ਸਾਹਾ ਪਤਿਸਾਹਿਬੁ ਨਾਨਕ ਰਹਣੁ ਰਜਾਈ॥੧॥	ਪਤਿ-ਸਾਹਿਬੁ: ਪੋਲਾ ਬੋਲੋ। ਰਹ-ਣੁ	So Paathisaahu Saahaa Pathisaahib Naanak Rehan Rajaaee ||1||	He is the King, the King of kings, the Supreme Lord and Master of kings. Nanak remains subject to His Will. ||1||	ਉਹ ਪ੍ਰਭੂ (ਸਾਰੇ ਜਗਤ ਦਾ) ਪਾਤਿਸ਼ਾਹ ਹੈ, ਪਾਤਿਸ਼ਾਹਾਂ ਦਾ ਭੀ ਪਾਤਿਸ਼ਾਹ ਹੈ। ਹੇ ਨਾਨਕ! (ਜੀਵਾਂ ਨੂੰ) ਉਸ ਦੀ ਰਜ਼ਾ ਵਿਚ ਰਹਿਣਾ ਹੀ ਫਬਦਾ ਹੈ ॥੧॥{9}
410	9	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
411	9	ਸੁਣਿ ਵਡਾ ਆਖੈ ਸਭੁ ਕੋਇ॥	ਵੱਡਾ	Sun Vaddaa Aakhai Sabh Koe ||	Hearing of His Greatness, everyone calls Him Great.	ਹਰੇਕ ਜੀਵ (ਹੋਰਨਾਂ ਪਾਸੋਂ ਸਿਰਫ਼) ਸੁਣ ਕੇ (ਹੀ) ਆਖ ਦੇਂਦਾ ਹੈ ਕਿ (ਹੇ ਪ੍ਰਭੂ!) ਤੂੰ ਵੱਡਾ ਹੈਂ।

412	9	ਕੇਵਡੁ ਵਡਾ ਡੀਠਾ ਹੋਇ॥	ਕੇਵੱਡੁ	Kaevadd Vaddaa Ddeethaa Hoe ||	But just how Great His Greatness is-this is known only to those who have seen Him.	ਪਰ ਤੂੰ ਕੇਡਾ ਵੱਡਾ ਹੈਂ (ਕਿਤਨਾ ਬੇਅੰਤ ਹੈਂ?) ਇਹ ਗੱਲ ਤੇਰਾ ਦਰਸਨ ਕੀਤਿਆਂ ਹੀ ਦੱਸੀ ਜਾ ਸਕਦੀ ਹੈ (ਤੇਰਾ ਦਰਸਨ ਕੀਤਿਆਂ ਹੀ ਦੱਸਿਆ ਜਾ ਸਕਦਾ ਹੈ ਕਿ ਤੂੰ ਬਹੁਤ ਬੇਅੰਤ ਹੈਂ)।
413	9	ਕੀਮਤਿ ਪਾਇ ਨ ਕਹਿਆ ਜਾਇ॥		Keemath Paae N Kehiaa Jaae ||	His Value cannot be estimated; He cannot be described.	ਤੇਰੇ ਬਰਾਬਰ ਦਾ ਹੋਰ ਕੋਈ ਦੱਸਿਆ ਨਹੀਂ ਜਾ ਸਕਦਾ, ਤੇਰੇ ਸਰੂਪ ਦਾ ਬਿਆਨ ਨਹੀਂ ਕੀਤਾ ਜਾ ਸਕਦਾ।
414	9	ਕਹਣੈ ਵਾਲੇ ਤੇਰੇ ਰਹੇ ਸਮਾਇ॥੧॥	(ਸਮਾਇ) ਮਸਤ, ਲੀਨ।ਕਹਣੈ: ਕੱਕੇ ਮੁਕਤੇ ਨੂੰ ਦੁਲਾਵਾਂ ਨਹੀਂ ਲਾਉਣੀਆਂ, ਕਹ-ਣੈ ਬੋਲੋ	Kehanai Vaalae Thaerae Rehae Samaae ||1||	Those who describe You, Lord, remain immersed and absorbed in You. ||1||	ਤੇਰੀ ਵਡਿਆਈ ਆਖਣ ਵਾਲੇ (ਆਪਾ ਭੁੱਲ ਕੇ) ਤੇਰੇ ਵਿਚ (ਹੀ) ਲੀਨ ਹੋ ਜਾਂਦੇ ਹਨ ॥੧॥
415	9	ਵਡੇ ਮੇਰੇ ਸਾਹਿਬਾ ਗਹਿਰ ਗੰਭੀਰਾ ਗੁਣੀ ਗਹੀਰਾ॥	(ਗਹਿਰ) ਨਿਰਹੱਲ। (ਗੰਭੀਰਾ) ਡੂੰਘੇ। (ਗਹੀਰਾ)ਖ਼ਜ਼ਾਨਾ	Vaddae Maerae Saahibaa Gehir Ganbheeraa Gunee Geheeraa ||	O my Great Lord and Master of Unfathomable Depth, You are the Ocean of Excellence.	ਹੇ ਮੇਰੇ ਵੱਡੇ ਮਾਲਕ! ਤੂੰ (ਮਾਨੋ, ਇਕ) ਡੂੰਘਾ (ਸਮੁੰਦਰ) ਹੈਂ। ਤੂੰ ਬੜੇ ਜਿਗਰੇ ਵਾਲਾ ਹੈਂ, ਤੂੰ ਬੇਅੰਤ ਗੁਣਾਂ ਵਾਲਾ ਹੈਂ।

416	9	ਕੋਇ ਨ ਜਾਨੈ ਤੇਰਾ ਕੇਤਾ ਕੇਵਡੁ ਚੀਰਾ॥੧॥ਰਹਾਉ॥	ਖੰਡ ਪਤਾਲ ਅਸੰਖ; ਮੈ. ਗਣਤ ਨ ਹੋਈ॥ ਅਨੁਸਾਰ ਅਸੰਖ ਖੰਡ ਪਤਾਲ ਦੀ (ਚੀਰਾ) (॥) ਹੱਦ (ਰਹਾਉ) ਵਿਸਰਾਮ, ਟੇਕ, ਸਥਾਈ, ਵਾ ਰਿਦੇ ਰੂਪੀ ਖੇਤ ਚ ਨਾਮ ਰਹਾਉ ਬੀਜਣਾ ਕਰੋ। ਵਡੇ ਮੇਰੇ ਸਾਹਿਬਾ; ਗਹਿਰ ਗੰਭੀਰਾ ਗੁਣੀ ਗਹੀਰਾ॥ ਜੀ ਚ ਸਦਾ ਲੀਣ (ਰਹਾਉ) ਰਹੋ। ਨਾਮ ਚ ਮਨ (ਰਹਾਉ) ਟਿਕਾਉ। (ਰਹਾਉ) ਸਨਾਭੀ ਟੀਕਾ, ਜਿਵੇਂ ਨਾਭੀ ਪੇਟ ਦੇ ਵਿਚਾਲੇ ਹੁੰਦੀ ਹੈ, ਇਉਂ ਸਾਰੇ ਸਬਦ ਦਾ ਸਿਧਾਂਤ, ਰਹਾਉ ਦੀਆਂ ਤੁਕਾਂ ਚ ਹੁੰਦਾ ਹੈ। ਰਹਾਉ ਦੀਆਂ ਤੁਕਾਂ ਦੇ ਅਰਥ ਕਰਕੇ, ਫੇਰ ਸਬਦ ਦੇ ਅਰਥ ਆਰੰਭ ਕਰਨੇ	Koe N Jaanai Thaeraa Kaethaa Kaevadd Cheeraa ||1|| Rehaao ||	No one knows the extent or the vastness of Your Expanse. ||1||Pause||	ਕੋਈ ਭੀ ਜੀਵ ਨਹੀਂ ਜਾਣਦਾ ਕਿ ਤੇਰਾ ਕਿਤਨਾ ਵੱਡਾ ਵਿਸਥਾਰ ਹੈ ॥੧॥ ਰਹਾਉ ॥

417	9	ਸਭਿ ਸੁਰਤੀ ਮਿਲਿ ਸੁਰਤਿ ਕਮਾਈ॥	ਸਭਿ: ਸਿਹਾਰੀ ਲਾਉ। ਮਿਲਿ: ਲੱਲੇ ਸਿਹਾਰੀ ਬੋਲੋ	Sabh Surathee Mil Surath Kamaaee ||	All the intuitives met and practiced intuitive meditation.	(ਤੂੰ ਕੇਡਾ ਵੱਡਾ ਹੈਂ-ਇਹ ਗੱਲ ਲੱਭਣ ਵਾਸਤੇ) ਸਮਾਧੀਆਂ ਲਾਉਣ ਵਾਲੇ ਕਈ ਵੱਡੇ ਵੱਡੇ ਪ੍ਰਸਿੱਧ ਜੋਗੀਆਂ ਨੇ ਧਿਆਨ ਜੋੜਨ ਦੇ ਜਤਨ ਕੀਤੇ , ਮੁੜ ਮੁੜ ਜਤਨ ਕੀਤੇ।
418	9	ਸਭ ਕੀਮਤਿ ਮਿਲਿ ਕੀਮਤਿ ਪਾਈ॥	ਕੀਮਤਿ: ਤੱਤੇ ਸਿਹਾਰੀ	Sabh Keemath Mil Keemath Paaee ||	All the appraisers met and made the appraisal.	ਵੱਡੇ ਵੱਡੇ ਪ੍ਰਸਿੱਧ (ਸ਼ਾਸਤ੍ਰ-ਵੇੱਤਾ) ਵਿਚਾਰਵਾਨਾਂ ਨੇ ਆਪੋ ਵਿਚ ਇਕ ਦੂਜੇ ਦੀ ਸਹੈਤਾ ਲੈ ਕੇ, ਤੇਰੇ ਬਰਾਬਰ ਦੀ ਕੋਈ ਹਸਤੀ ਲੱਭਣ ਦੀ ਕੋਸ਼ਿਸ਼ ਕੀਤੀ,
419	9	ਗਿਆਨੀ ਧਿਆਨੀ ਗੁਰ ਗੁਰਹਾਈ॥	(ਗੁਰ) ਵੱਡੇ ਮੁਨਿ ਦੇਵਤੇ, (ਗੁਰ+ਹਾਈ) ਗੁਰ ਦੇਵਤਿਆਂ ਨੂੰ ਹਾਈ ਨਾਸ ਕਰਨ ਵਾਲੇ ਦੈਂਤ	Giaanee Dhhiaanee Gur Gurehaaee ||	The spiritual teachers, the teachers of meditation, and the teachers of teachers	()
420	9	ਕਹਣੁ ਨ ਜਾਈ ਤੇਰੀ ਤਿਲੁ ਵਡਿਆਈ॥੨॥	ਤਿਲੁ: ਪੋਲਾ ਬੋਲੋ	Kehan N Jaaee Thaeree Thil Vaddiaaee ||2||	-they cannot describe even an iota of Your Greatness. ||2||	ਪਰ ਤੇਰੀ ਵਡਿਆਈ ਦਾ ਇਕ ਤਿਲ ਜਿਤਨਾ ਭੀ ਹਿੱਸਾ ਨਹੀਂ ਦੱਸ ਸਕੇ ॥੨॥
421	9	ਸਭਿ ਸਤ ਸਭਿ ਤਪ ਸਭਿ ਚੰਗਿਆਈਆ॥	ਸਤ, ਤਪ: ਪੋਲੇ ਬੋਲੋ	Sabh Sath Sabh Thap Sabh Changiaaeeaa ||	All Truth, all austere discipline, all goodness,	(ਵਿਚਾਰਵਾਨ ਕੀਹ ਤੇ ਸਿਧ ਜੋਗੀ ਕੀਹ? ਤੇਰੀ ਵਡਿਆਈ ਦਾ ਅੰਦਾਜ਼ਾ ਤਾਂ ਕੋਈ ਭੀ ਨਹੀਂ ਲਾ ਸਕਿਆ, ਪਰ ਵਿਚਾਰਵਾਨਾਂ ਦੇ) ਸਾਰੇ ਭਲੇ ਕੰਮ;

422	9	ਸਿਧਾ ਪੁਰਖਾ ਕੀਆ ਵਡਿਆਈਆ॥		Sidhhaa Purakhaa Keeaa Vaddiaaeeaa ||	All the great miraculous spiritual powers of the Siddhas	ਸਾਰੇ ਤਪ ਤੇ ਸਾਰੇ ਗੁਣ, ਸਿੱਧਾਂ ਲੋਕਾਂ ਦੀਆਂ (ਰਿੱਧੀਆਂ ਸਿੱਧੀਆਂ ਆਦਿਕ) ਵੱਡੇ ਵੱਡੇ ਕੰਮ;
423	9	ਤੁਧੁ ਵਿਣੁ ਸਿਧੀ ਕਿਨੈ ਨ ਪਾਈਆ॥		Thudhh Vin Sidhhee Kinai N Paaeeaa ||	Without You, no one has attained such powers.	ਇਹ ਕਾਮਯਾਬੀ ਕਿਸੇ ਨੂੰ ਭੀ ਤੇਰੀ ਸਹੈਤਾ ਤੋਂ ਬਿਨਾ ਹਾਸਲ ਨਹੀਂ ਹੋਈ।
424	9	ਕਰਮਿ ਮਿਲੈ ਨਾਹੀ ਠਾਕਿ ਰਹਾਈਆ॥੩॥	(ਕਰਮਿ) ਕ੍ਰਿਪਾ। (ਠਾਕਿ) ਰੋਕੀਆਂ	Karam Milai Naahee Thaak Rehaaeeaa ||3||	They are received only by Your Grace. No one can block them or stop their flow. ||3||	(ਜਿਸ ਕਿਸੇ ਨੂੰ ਸਿੱਧੀ ਪ੍ਰਾਪਤ ਹੋਈ ਹੈ) ਤੇਰੀ ਮਿਹਰ ਨਾਲ ਪ੍ਰਾਪਤ ਹੋਈ ਹੈ ਤੇ, ਕੋਈ ਹੋਰ ਉਸ ਪ੍ਰਾਪਤੀ ਦੇ ਰਾਹ ਵਿਚ ਰੋਕ ਨਹੀਂ ਪਾ ਸਕਿਆ ॥੩॥
425	9	ਆਖਣ ਵਾਲਾ ਕਿਆ ਵੇਚਾਰਾ॥		Aakhan Vaalaa Kiaa Vaechaaraa ||	What can the poor helpless creatures do?	ਜੀਵ ਦੀ ਕੀਹ ਪਾਂਇਆਂ ਹੈ ਕਿ ਇਹਨਾਂ ਗੁਣਾਂ ਨੂੰ ਬਿਆਨ ਕਰ ਸਕੇ?
426	9	ਸਿਫਤੀ ਭਰੇ ਤੇਰੇ ਭੰਡਾਰਾ॥		Sifathee Bharae Thaerae Bhanddaaraa ||	Your Praises are overflowing with Your Treasures.	(ਹੇ ਪ੍ਰਭੂ!) ਤੇਰੇ ਗੁਣਾਂ ਦੇ (ਮਾਨੋ) ਖ਼ਜ਼ਾਨੇ ਭਰੇ ਪਏ ਹਨ।
427	9	ਜਿਸੁ ਤੂ ਦੇਹਿ ਤਿਸੈ ਕਿਆ ਚਾਰਾ॥	(ਚਾਰਾ) ਜ਼ੋਰ	Jis Thoo Dhaehi Thisai Kiaa Chaaraa ||	Those, unto whom You give-how can they think of any other?	ਜਿਸ ਨੂੰ ਤੂੰ ਸਿਫ਼ਤ-ਸਾਲਾਹ ਕਰਨ ਦੀ ਦਾਤ ਬਖ਼ਸ਼ਦਾ ਹੈਂ; ਉਸ ਦੇ ਰਾਹ ਵਿਚ ਰੁਕਾਵਟ ਪਾਣ ਲਈ ਕਿਸੇ ਦਾ ਜ਼ੋਰ ਨਹੀਂ ਚੱਲ ਸਕਦਾ,

428	9	ਨਾਨਕ ਸਚੁ ਸਵਾਰਣਹਾਰਾ॥੪॥੨॥	(ਸਵਾਰਣਹਾਰਾ)ਸਵਾਰਨ ਵਾਲੇ	Naanak Sach Savaaranehaaraa ||4||2||	O Nanak, the True One embellishes and exalts. ||4||2||	(ਕਿਉਂਕਿ) ਹੇ ਨਾਨਕ! (ਆਖ-ਹੇ ਪ੍ਰਭੂ!) ਤੂੰ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਉਸ (ਭਾਗਾਂ ਵਾਲੇ) ਨੂੰ ਸੰਵਾਰਨ ਵਾਲਾ (ਆਪ) ਹੈਂ ॥੪॥੨॥{9}
429	9	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
430	9	ਆਖਾ ਜੀਵਾ ਵਿਸਰੈ ਮਰਿ ਜਾਉ॥		Aakhaa Jeevaa Visarai Mar Jaao ||	Chanting it, I live; forgetting it, I die.	(ਜਿਉਂ ਜਿਉਂ) ਮੈਂ (ਪਰਮਾਤਮਾ ਦਾ) ਨਾਮ ਸਿਮਰਦਾ ਹਾਂ, ਤਿਉਂ ਤਿਉਂ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ। (ਪਰ ਜਦੋਂ ਮੈਨੂੰ ਪ੍ਰਭੂ ਦਾ ਨਾਮ) ਭੁੱਲ ਜਾਂਦਾ ਹੈ, ਮੇਰੀ ਆਤਮਕ ਮੌਤ ਹੋ ਜਾਂਦੀ ਹੈ।
431	9	ਆਖਣਿ ਅਉਖਾ ਸਾਚਾ ਨਾਉ॥		Aakhan Aoukhaa Saachaa Naao ||	It is so difficult to chant the True Name.	(ਇਹ ਪਤਾ ਹੁੰਦਿਆਂ ਭੀ) ਸਦਾ ਕਾਇਮ-ਰਹਿਣ ਵਾਲੇ ਪਰਮਾਤਮਾ ਦਾ ਨਾਮ ਸਿਮਰਨਾ ਔਖਾ (ਕੰਮ ਜਾਪਦਾ ਹੈ)।
432	9	ਸਾਚੇ ਨਾਮ ਕੀ ਲਾਗੈ ਭੂਖ॥		Saachae Naam Kee Laagai Bhookh ||	If someone feels hunger for the True Name,	(ਜਿਸ ਮਨੁੱਖ ਦੇ ਅੰਦਰ) ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ ਦੀ ਤਾਂਘ ਪੈਦਾ ਹੋ ਜਾਂਦੀ ਹੈ,
433	9	ਉਤੁ ਭੂਖੈ ਖਾਇ ਚਲੀਅਹਿ ਦੂਖ॥੧॥	(ਉਤੁ) ਉਸ। ਉਤੁ: ਦਰਮਿਆਨਾ ਮੀਡੀਅਮ ਭਾਰਾ ਬੋਲੋ। ਚੱਲੀ-ਅਹਿ ਐੜਾ ਮੁਕਤਾ ਹਾਹੇ ਸਿਹਾਰੀ।	Outh Bhookhai Khaae Chaleeahi Dhookh ||1||	That hunger shall consume his pain. ||1||	ਉਸ ਤਾਂਘ ਦੀ ਬਰਕਤਿ ਨਾਲ (ਹਰਿ-ਨਾਮ-ਭੋਜਨ) ਖਾ ਕੇ ਉਸ ਦੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ ॥੧॥

434	9	ਸੋ ਕਿਉ ਵਿਸਰੈ ਮੇਰੀ ਮਾਇ॥		So Kio Visarai Maeree Maae ||	How can I forget Him, O my mother?	ਹੇ ਮੇਰੀ ਮਾਂ! (ਅਰਦਾਸ ਕਰ ਕਿ) ਉਹ ਪਰਮਾਤਮਾ ਮੈਨੂੰ ਕਦੇ ਭੀ ਨਾਹ ਭੁੱਲੇ।
435	9	ਸਾਚਾ ਸਾਹਿਬੁ ਸਾਚੈ ਨਾਇ॥੧॥ਰਹਾਉ॥		Saachaa Saahib Saachai Naae ||1|| Rehaao ||	True is the Master, True is His Name. ||1||Pause||	ਜਿਉਂ ਜਿਉਂ ਉਸ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦਾ ਨਾਮ ਸਿਮਰੀਏ, ਤਿਉਂ ਤਿਉਂ ਉਹ ਸਦਾ ਕਾਇਮ ਰਹਿਣ ਵਾਲਾ ਮਾਲਕ (ਮਨ ਵਿਚ ਆ ਵੱਸਦਾ ਹੈ) ॥੧॥ ਰਹਾਉ ॥
436	9	ਸਾਚੇ ਨਾਮ ਕੀ ਤਿਲੁ ਵਡਿਆਈ॥	ਤਿਲੁ:ਪੋਲਾ ਬੋਲੋ	Saachae Naam Kee Thil Vaddiaaee ||	Trying to describe even an iota of the Greatness of the True Name,	ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੇ ਨਾਮ ਦੀ ਰਤਾ ਜਿਤਨੀ ਭੀ ਮਹਿਮਾ...
437	9	ਆਖਿ ਥਕੇ ਕੀਮਤਿ ਨਹੀ ਪਾਈ॥	ਥੱਕੇ। ਕੀਮਤਿ ਤੱਤੇ ਸਿਹਾਰੀ ਬੋਲੋ	Aakh Thhakae Keemath Nehee Paaee ||	People have grown weary, but they have not been able to evaluate it.	ਬਿਆਨ ਕਰ ਕੇ (ਸਾਰੇ ਜੀਵ) ਥੱਕ ਗਏ ਹਨ (ਬਿਆਨ ਨਹੀਂ ਕਰ ਸਕਦੇ)। ਕੋਈ ਭੀ ਨਹੀਂ ਦੱਸ ਸਕਿਆ ਕਿ ਪਰਮਾਤਮਾ ਦੇ ਬਰਾਬਰ ਦੀ ਕਿਹੜੀ ਹਸਤੀ ਹੈ।
438	9	ਜੇ ਸਭਿ ਮਿਲਿ ਕੈ ਆਖਣ ਪਾਹਿ॥		Jae Sabh Mil Kai Aakhan Paahi ||	Even if everyone were to gather together and speak of Him,	ਜੇ (ਜਗਤ ਦੇ) ਸਾਰੇ ਹੀ ਜੀਵ ਰਲ ਕੇ (ਪ੍ਰਭੂ ਦੀ ਵਡਿਆਈ) ਬਿਆਨ ਕਰਨ ਦਾ ਜਤਨ ਕਰਨ,

439	9	ਵਡਾ ਨ ਹੋਵੈ ਘਾਟਿ ਨ ਜਾਇ॥੨॥		Vaddaa N Hovai Ghaatt N Jaae ||2||	He would not become any greater or any lesser. ||2||	ਤਾਂ ਉਹ ਪ੍ਰਭੂ (ਆਪਣੇ ਅਸਲੇ ਨਾਲੋਂ) ਵੱਡਾ ਨਹੀਂ ਹੋ ਜਾਂਦਾ (ਤੇ, ਜੇ ਕੋਈ ਭੀ ਉਸ ਦੀ ਵਡਿਆਈ ਨਾਹ ਕਰੇ), ਤਾਂ ਉਹ (ਅੱਗੇ ਨਾਲੋਂ) ਘੱਟ ਨਹੀਂ ਜਾਂਦਾ। (ਉਸ ਨੂੰ ਆਪਣੀ ਸੋਭਾ ਦਾ ਲਾਲਚ ਨਹੀਂ) ॥੨॥
440	9	ਨਾ ਓਹੁ ਮਰੈ ਨ ਹੋਵੈ ਸੋਗੁ॥	ਓਹੁ: ਹੋੜਾ ਲੰਬਾ, ਹਾਹੇ ਔਂਕੜ ਸੰਕੋਚੋ	Naa Ouhu Marai N Hovai Sog ||	That Lord does not die; there is no reason to mourn.	ਉਹ ਪ੍ਰਭੂ ਕਦੇ ਮਰਦਾ ਨਹੀਂ, ਨਾਹ ਹੀ (ਉਸ ਦੀ ਖ਼ਾਤਰ) ਸੋਗ ਹੁੰਦਾ ਹੈ।
441	9	ਦੇਦਾ ਰਹੈ ਨ ਚੂਕੈ ਭੋਗੁ॥	(ਚੂਕੈ) ਮੁਕਦੇ, ਉਕਦੇ, ਭੁੱਲਦੇ ਨਹੀਂ	Dhaedhaa Rehai N Chookai Bhog ||	He continues to give, and His Provisions never run short.	ਉਹ ਸਦਾ (ਜੀਵਾਂ ਨੂੰ ਰਿਜ਼ਕ ਦਿੰਦਾ ਹੈ, ਉਸ ਦੀਆਂ ਦਿੱਤੀਆਂ ਦਾਤਾਂ ਦਾ ਵਰਤਣਾ ਕਦੇ ਮੁੱਕਦਾ ਨਹੀਂ (ਉਸ ਦੀਆਂ ਦਾਤਾਂ ਵਰਤਣ ਨਾਲ ਕਦੇ ਮੁਕਦੀਆਂ ਨਹੀਂ)।
442	9	ਗੁਣੁ ਏਹੋ ਹੋਰੁ ਨਾਹੀ ਕੋਇ॥		Gun Eaeho Hor Naahee Koe ||	This Virtue is His alone; there is no other like Him.	ਉਸ ਦੀ ਵੱਡੀ ਖ਼ੂਬੀ ਇਹ ਹੈ ਕਿ ਕੋਈ ਹੋਰ ਉਸ ਵਰਗਾ ਨਹੀਂ ਹੈ।
443	9	ਨਾ ਕੋ ਹੋਆ ਨਾ ਕੋ ਹੋਇ॥੩॥		Naa Ko Hoaa Naa Ko Hoe ||3||	There never has been, and there never will be. ||3||	(ਉਸ ਵਰਗਾ ਅਜੇ ਤਕ) ਨਾਹ ਕੋਈ ਹੋਇਆ ਹੈ, ਨਾਹ ਕਦੇ ਹੋਵੇਗਾ ॥੩॥
444	9	ਜੇਵਡੁ ਆਪਿ ਤੇਵਡ ਤੇਰੀ ਦਾਤਿ॥		Jaevadd Aap Thaevadd Thaeree Dhaath ||	As Great as You Yourself are, O Lord, so Great are Your Gifts.	(ਹੇ ਪ੍ਰਭੂ!) ਜਿਤਨਾ ਬੇਅੰਤ ਤੂੰ ਆਪ ਹੈਂ ਉਤਨੀ ਬੇਅੰਤ ਤੇਰੀ ਬਖ਼ਸ਼ਸ਼।
445	10	ਜਿਨਿ ਦਿਨੁ ਕਰਿ ਕੈ ਕੀਤੀ ਰਾਤਿ॥		Jin Dhin Kar Kai Keethee Raath ||	The One who created the day also created the night.	(ਤੂੰ ਐਸਾ ਹੈਂ) ਜਿਸ ਨੇ ਦਿਨ ਬਣਾਇਆ ਹੈ ਤੇ ਰਾਤ ਬਣਾਈ ਹੈ।

446	10	ਖਸਮੁ ਵਿਸਾਰਹਿ ਤੇ ਕਮਜਾਤਿ॥	(ਕਮਜਾਤਿ) ਨੀਚ	Khasam Visaarehi Thae Kamajaath ||	Those who forget their Lord and Master are vile and despicable.	ਜੋ (ਅਜਿਹੇ) ਖਸਮ-ਪ੍ਰਭੂ ਨੂੰ ਭੁਲਾ ਦੇਂਦੇ ਹਨ, ਉਹ ਬੰਦੇ ਨੀਵੇਂ ਜੀਵਨ ਵਾਲੇ ਬਣ ਜਾਂਦੇ ਹਨ।
447	10	ਨਾਨਕ ਨਾਵੈ ਬਾਝੁ ਸਨਾਤਿ॥੪॥੩॥	(ਸਨਾਤਿ) ਨੀਚ ਤੋਂ ਨੀਚ ਕੰਮ ਕਰਨ ਵਾਲੀ ਨੀਚ ਜਾਤ	Naanak Naavai Baajh Sanaath ||4||3||	O Nanak, without the Name, they are wretched outcasts. ||4||3||	ਹੇ ਨਾਨਕ! ਨਾਮ ਤੋਂ ਖੁੰਝੇ ਹੋਏ ਜੀਵ (ਹੀ) ਨੀਚ ਹਨ ॥੪॥੩॥{9}
448	10	ਰਾਗੁ ਗੂਜਰੀ ਮਹਲਾ ੪॥	ਗੂਜਰੀ: ਦਲੈਂਕੜੇ ਪੂਰੇ ਲਾਉ।	Raag Goojaree Mehalaa 4 ||	Raag Goojaree, Fourth Mehl:	
449	10	ਹਰਿ ਕੇ ਜਨ ਸਤਿਗੁਰ ਸਤ ਪੁਰਖਾ ਬਿਨਉ ਕਰਉ ਗੁਰ ਪਾਸਿ॥	(ਸਤਿਗੁਰ) ਸੱਚੇ ਗੁਰੂ। ਜਿੱਥੇ ਭੀ ਸਤਿਗੁਰ ਆਵੇ ਤਾਂ ਸੱਤਿਗੁਰ ਬੋਲਣਾ। (ਸੱਤ) ਸੱਚ। ਜਿੱਥੇ ਸਤਿ ਦਾ ਅਰਥ ਸੱਚ ਬਣੇ ਓਥੇ ਸੱਤ ਅਧਕ ਲਾ ਕੇ ਬੋਲੋ। ਜਿੱਥੇ ਸਤ ਰਸਾਂ ਦਾ ਸਤ, ਜਤ ਸਤ ਆਵੇ,: ਪੋਲਾ ਬੋਲਣਾ। (ਬਿਨਉ) ਬੇਨਤੀ। ਬਿਨਉ: ਨੰਨੇ ਨੂੰ ਹੋੜਾ ਨਹੀਂ, ਨੰਨਾ ਮੁਕਤਾ ਬੋਲ ਕੇ ਊੜੇ ਔਂਕੜ ਲਾਉ। ਕਰਉ: ਕਰੋ ਨਹੀਂ ਉਚਾਰਨਾ।	Har Kae Jan Sathigur Sathapurakhaa Bino Karo Gur Paas ||	O humble servant of the Lord, O True Guru, O True Primal Being: I offer my humble prayer to You, O Guru.	ਹੇ ਮਹਾਪੁਰਖ ਗੁਰੂ! ਹੇ ਪ੍ਰਭੂ ਦੇ ਭਗਤ ਸਤਿਗੁਰੂ! ਮੈਂ, ਹੇ ਗੁਰੂ! ਤੇਰੇ ਅੱਗੇ ਬੇਨਤੀ ਕਰਦਾ ਹਾਂ,

450	10	ਹਮ ਕੀਰੇ ਕਿਰਮ ਸਤਿਗੁਰ ਸਰਣਾਈ ਕਰਿ ਦਇਆ ਨਾਮੁ ਪਰਗਾਸਿ॥੧॥	(ਕੀਰੇ)ਕੀੜੇ। (ਕਿਰਮ) ਛੋਟੇ ਤੋਂ ਛੋਟੇ, ਅਤੀ ਬ੍ਰੀਕ ਕਿਰਮ ਹੁੰਦੇ ਹਨ, ਜੋ ਖੁਰਦਬੀਨ ਨਾਲ ਦਿਸਦੇ ਹਨ। ਅਤੀ ਹੀ ਨਿਮ੍ਰਤਾ ਨਾਲ ਆਪਣੇ ਆਪ ਨੂੰ ਕੀਰੇ ਕਿਰਮ ਕਿਹਾ ਹੈ	Ham Keerae Kiram Sathigur Saranaaee Kar Dhaeiaa Naam Paragaas ||1||	I am a mere insect, a worm. O True Guru, I seek Your Sanctuary. Please be merciful, and bless me with the Light of the Naam, the Name of the Lord. ||1||	ਹੇ ਸਤਿਗੁਰੂ! ਮੈਂ ਨਿਮਾਣਾ ਤੇਰੀ ਸਰਨ ਆਇਆ ਹਾਂ। ਕਿਰਪਾ ਕਰ ਕੇ (ਮੇਰੇ ਅੰਦਰ) ਪ੍ਰਭੂ ਦਾ ਨਾਮ-ਚਾਨਣ ਪੈਦਾ ਕਰ ॥੧॥
451	10	ਮੇਰੇ ਮੀਤ ਗੁਰਦੇਵ ਮੋਕਉ ਰਾਮ ਨਾਮੁ ਪਰਗਾਸਿ॥	(ਪਰਗਾਸਿ) ਪ੍ਰਗਟ	Maerae Meeth Guradhaev Mo Ko Raam Naam Paragaas ||	O my Best Friend, O Divine Guru, please enlighten me with the Name of the Lord.	ਹੇ ਮੇਰੇ ਮਿੱਤਰ ਗੁਰੂ! ਮੈਨੂੰ ਪ੍ਰਭੂ ਦਾ ਨਾਮ-ਚਾਨਣ ਬਖ਼ਸ਼।
452	10	ਗੁਰਮਤਿ ਨਾਮੁ ਮੇਰਾ ਪ੍ਰਾਨ ਸਖਾਈ ਹਰਿ ਕੀਰਤਿ ਹਮਰੀ ਰਹਰਾਸਿ॥੧॥ਰਹਾਉ ॥	(ਸਖਾਈ) ਸਾਥੀ। (ਰਹਰਾਸਿ) ਰੀਤੀ ਮਰਯਾਦਾ	Guramath Naam Maeraa Praan Sakhaaee Har Keerath Hamaree Reharaas ||1|| Rehaao ||	Through the Guru's Teachings, the Naam is my breath of life. The Kirtan of the Lord's Praise is my life's occupation. ||1||Pause||	ਗੁਰੂ ਦੀ ਦੱਸੀ ਮਤਿ ਦੀ ਰਾਹੀਂ ਮਿਲਿਆ ਹੋਇਆ ਹਰਿ-ਨਾਮ ਮੇਰੀ ਜਿੰਦ ਦਾ ਸਾਥੀ (ਬਣਿਆ ਰਹੇ), ਪ੍ਰਭੂ ਦੀ ਸਿਫ਼ਤ-ਸਾਲਾਹ ਮੇਰੀ ਜ਼ਿੰਦਗੀ ਦੇ ਸਫ਼ਰ ਲਈ ਰਾਸਿ-ਪੂੰਜੀ ਬਣੀ ਰਹੇ ॥੧॥ ਰਹਾਉ ॥
453	10	ਹਰਿ ਜਨ ਕੇ ਵਡਭਾਗ ਵਡੇਰੇ ਜਿਨ ਹਰਿ ਹਰਿ ਸਰਧਾ ਹਰਿ ਪਿਆਸ॥		Har Jan Kae Vadd Bhaag Vaddaerae Jin Har Har Saradhhaa Har Piaas ||	The servants of the Lord have the greatest good fortune; they have faith in the Lord, and a longing for the Lord.	ਪ੍ਰਭੂ ਦੇ ਉਹਨਾਂ ਸੇਵਕਾਂ ਦੇ ਬੜੇ ਉੱਚੇ ਭਾਗ ਹਨ ਜਿਨ੍ਹਾਂ ਦੇ ਅੰਦਰ ਪ੍ਰਭੂ ਦੇ ਨਾਮ ਵਾਸਤੇ ਸਰਧਾ ਹੈ, ਖਿੱਚ ਹੈ।

454	10	ਹਰਿ ਹਰਿ ਨਾਮੁ ਮਿਲੈ ਤ੍ਰਿਪਤਾਸਹਿ ਮਿਲਿ ਸੰਗਤਿ ਗੁਣ ਪਰਗਾਸਿ॥੨॥	(ਤ੍ਰਿਪਤਾਸ-ਹਿ) ਆਤਮ ਤ੍ਰਿਪਤੀ ਕਰਕੇ, ਬਹੁਤੋ ਬਹੁਤਾ ਤ੍ਰਿਪਤ ਹੋਈਦਾ ਹੈ	Har Har Naam Milai Thripathaasehi Mil Sangath Gun Paragaas ||2||	Obtaining the Name of the Lord, Har, Har, they are satisfied; joining the Sangat, the Blessed Congregation, their virtues shine forth. ||2||	ਜਦੋਂ ਉਹਨਾਂ ਨੂੰ ਪਰਮਾਤਮਾ ਦਾ ਨਾਮ ਪ੍ਰਾਪਤ ਹੁੰਦਾ ਹੈ ਉਹ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦੇ ਹਨ, ਸਾਧ ਸੰਗਤਿ ਵਿਚ ਮਿਲ ਕੇ (ਉਹਨਾਂ ਦੇ ਅੰਦਰ ਭਲੇ) ਗੁਣ ਪੈਦਾ ਹੁੰਦੇ ਹਨ ॥੨॥
455	10	ਜਿਨ ਹਰਿ ਹਰਿ ਹਰਿ ਰਸੁ ਨਾਮੁ ਨ ਪਾਇਆ ਤੇ ਭਾਗਹੀਣ ਜਮ ਪਾਸਿ॥		Jin Har Har Har Ras Naam N Paaeiaa Thae Bhaageheen Jam Paas ||	Those who have not obtained the Sublime Essence of the Name of the Lord, Har, Har, Har, are most unfortunate; they are led away by the Messenger of Death.	ਪਰ ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਦੇ ਨਾਮ ਦਾ ਸੁਆਦ ਨਹੀਂ ਆਇਆ, ਜਿਨ੍ਹਾਂ ਨੂੰ ਪ੍ਰਭੂ ਦਾ ਨਾਮ ਨਹੀਂ ਮਿਲਿਆ, ਉਹ ਬਦ-ਕਿਸਮਤ ਹਨ, ਉਹ ਜਮਾਂ ਦੇ ਵੱਸ (ਪਏ ਹੋਏ ਸਮਝੋ ਉਹਨਾਂ ਦੇ ਸਿਰ ਉਤੇ ਆਤਮਕ ਮੌਤ ਸਦਾ ਸਵਾਰ ਰਹਿੰਦੀ ਹੈ)।
456	10	ਜੋ ਸਤਿਗੁਰ ਸਰਣਿ ਸੰਗਤਿ ਨਹੀ ਆਏ ਧ੍ਰਿਗੁ ਜੀਵੇ ਧ੍ਰਿਗੁ ਜੀਵਾਸਿ ॥੩॥	(ਧ੍ਰਿਗੁ) ਫਿਟਕਾਰ, ਲਾਹਨਤ। ਧ੍ਰਿਗੁ ਧੱਧਾ ਮੁਕਤਾ, ਅੱਧੇ ਰਾਰੇ ਨੂੰ ਸਿਹਾਰੀ, ਗੱਗੇ ਔਂਕੜ। (ਜੀਵਾਸਿ) ਜਿਉਣਾ	Jo Sathigur Saran Sangath Nehee Aaeae Dhhrig Jeevae Dhhrig Jeevaas ||3||	Those who have not sought the Sanctuary of the True Guru and the Sangat, the Holy Congregation-cursed are their lives, and cursed are their hopes of life. ||3||	ਜੋ ਮਨੁੱਖ ਗੁਰੂ ਦੀ ਸਰਨ ਨਹੀਂ ਆਉਂਦੇ, ਜੋ ਸਾਧ ਸੰਗਤਿ ਵਿਚ ਨਹੀਂ ਬੈਠਦੇ, ਲਾਹਨਤ ਹੈ ਉਹਨਾਂ ਦੇ ਜੀਊਣ ਨੂੰ, ਉਹਨਾਂ ਦਾ ਜੀਊਣਾ ਫਿਟਕਾਰ-ਜੋਗ ਹੈ ॥੩॥

457	10	ਜਿਨ ਹਰਿ ਜਨ ਸਤਿਗੁਰ ਸੰਗਤਿ ਪਾਈ ਤਿਨ ਧੁਰਿ ਮਸਤਕਿ ਲਿਖਿਆ ਲਿਖਾਸਿ॥	ਮਸ-ਤ-ਕਿ: ਕੱਕੇ ਸਿਹਾਰੀ	Jin Har Jan Sathigur Sangath Paaee Thin Dhhur Masathak Likhiaa Likhaas ||	Those humble servants of the Lord who have attained the Company of the True Guru, have such pre-ordained destiny inscribed on their foreheads.	ਜਿਨ੍ਹਾਂ ਪ੍ਰਭੂ ਦੇ ਸੇਵਕਾਂ ਨੂੰ ਗੁਰੂ ਦੀ ਸੰਗਤਿ ਵਿਚ ਬੈਠਣਾ ਨਸੀਬ ਹੋਇਆ ਹੈ, (ਸਮਝੋ) ਉਹਨਾਂ ਦੇ ਮੱਥੇ ਉਤੇ ਧੁਰੋਂ ਹੀ ਚੰਗਾ ਲੇਖ ਲਿਖਿਆ ਹੋਇਆ ਹੈ।
458	10	ਧਨੁ ਧੰਨੁ ਸਤਸੰਗਤਿ ਜਿਤੁ ਹਰਿ ਰਸੁ ਪਾਇਆ ਮਿਲਿ ਜਨ ਨਾਨਕ ਨਾਮੁ ਪਰਗਾਸਿ॥੪॥੪॥	(ਸੱਤਸੰਗਤਿ) ਸੱਚੀ ਸੰਗਤ। ਇਸ ਕਰਕੇ ਜਿੱਥੇ ਭੀ ਸਤਸੰਗਤਿ ਆਵੇ, ਤਾਂ ਸੱਤਸੰਗਤਿ ਬੋਲਣਾ। ਧਨੁ ਨੰਨੇ ਔਂਕੜ ਲਾ ਕੇ: ਪੋਲਾ ਬੋਲੋ । ਟਿੱਪੀ ਨਹੀਂ ਲਾਉਣੀ। ਧੰਨੁ ਧੱਦੇ ਨੂੰ ਟਿੱਪੀ ਬੋਲ ਕੇ, ਨੰਨੇ ਔਂਕੜ ਬੋਲੋ। ਟਿੱਪੀ ਦੀ ਥਾਂ ਅਧਕ ਨਹੀਂ ਲਾਉਣਾ।	Dhhan Dhhann Sathasangath Jith Har Ras Paaeiaa Mil Jan Naanak Naam Paragaas ||4||4||	Blessed, blessed is the Sat Sangat, the True Congregation, where the Lord's Essence is obtained. Meeting with His humble servant, O Nanak, the Light of the Naam shines forth. ||4||4||	ਹੇ ਨਾਨਕ! ਧੰਨ ਹੈ ਸਤਸੰਗ! ਧੰਨ ਹੈ ਸਤਸੰਗ! ਜਿਸ ਵਿਚ (ਬੈਠਿਆਂ) ਪ੍ਰਭੂ ਦੇ ਨਾਮ ਦਾ ਆਨੰਦ ਮਿਲਦਾ ਹੈ, ਜਿਥੇ ਗੁਰਮੁਖਾਂ ਨੂੰ ਮਿਲਿਆਂ (ਹਿਰਦੇ ਵਿਚ ਪਰਮਾਤਮਾ ਦਾ) ਨਾਮ ਆ ਵੱਸਦਾ ਹੈ ॥੪॥੪॥
459	10	ਰਾਗੁ ਗੂਜਰੀ ਮਹਲਾ ੫॥		Raag Goojaree Mehalaa 5 ||	Raag Goojaree, Fifth Mehl:	

460	10	ਕਾਹੇ ਰੇ ਮਨ ਚਿਤਵਹਿ ਉਦਮੁ ਜਾ ਆਹਰਿ ਹਰਿ ਜੀਉ ਪਰਿਆ॥	(ਆਹਰਿ) ਉੱਦਮ ਯਤਨ।ਚਿਤਵ-ਹਿ। ਆ-ਹਰਿ: ਪੋਲਾ ਬੋਲੋ।ਉੱਦਮੁ	Kaahae Rae Man Chithavehi Oudham Jaa Aahar Har Jeeo Pariaa ||	Why, O mind, do you plot and plan, when the Dear Lord Himself provides for your care?	ਹੇ ਮਨ! (ਤੇਰੀ ਖ਼ਾਤਰ) ਜਿਸ ਆਹਰ ਵਿਚ ਪਰਮਾਤਮਾ ਆਪ ਲੱਗਾ ਹੋਇਆ ਹੈ, ਉਸ ਵਾਸਤੇ ਤੂੰ ਕਿਉਂ (ਸਦਾ) ਸੋਚਾਂ-ਫ਼ਿਕਰ ਕਰਦਾ ਰਹਿੰਦਾ ਹੈਂ?
461	10	ਸੈਲ ਪਥਰ ਮਹਿ ਜੰਤ ਉਪਾਏ ਤਾ ਕਾ ਰਿਜਕੁ ਆਗੈ ਕਰਿ ਧਰਿਆ॥੧॥	(ਸੈਲ) ਪਹਾੜ। (ਰਿਜਕੁ) ਭੋਜਨ, ਰੋਜ਼ੀ। ਪੱਥਰ, ਰਿਜ-ਕੁ: ਪੋਲਾ ਬੋਲੋ	Sail Pathhar Mehi Janth Oupaaeae Thaa Kaa Rijak Aagai Kar Dhhariaa ||1||	From rocks and stones He created living beings; He places their nourishment before them. ||1||	ਜੇਹੜੇ ਜੀਵ ਪ੍ਰਭੂ ਨੇ ਚਟਾਨਾਂ ਤੇ ਪੱਥਰਾਂ ਵਿਚ ਪੈਦਾ ਕੀਤੇ ਹਨ, ਉਹਨਾਂ ਦਾ ਭੀ ਰਿਜ਼ਕ ਉਸ ਨੇ (ਉਹਨਾਂ ਦੇ ਪੈਦਾ ਕਰਨ ਤੋਂ) ਪਹਿਲਾਂ ਹੀ ਬਣਾ ਰਖਿਆ ਹੈ ॥੧॥
462	10	ਮੇਰੇ ਮਾਧਉ ਜੀ ਸਤਸੰਗਤਿ ਮਿਲੇ ਸੁ ਤਰਿਆ॥	(ਮਾਧਉ) ਵਾਹਿਗੁਰੂ ਜੀ। ਮਾ-ਧਉ: ਧੱਦਾ ਮੁਕਤਾ, ਊੜੇ ਔਂਕੜ ਹੈ	Maerae Maadhho Jee Sathasangath Milae S Thariaa ||	O my Dear Lord of souls, one who joins the Sat Sangat, the True Congregation, is saved.	ਹੇ ਮੇਰੇ ਪ੍ਰਭੂ ਜੀ! ਜੇਹੜੇ ਮਨੁੱਖ ਸਾਧ ਸੰਗਤਿ ਵਿਚ ਮਿਲ ਬੈਠਦੇ ਹਨ, ਉਹ (ਵਿਅਰਥ ਤੌਖ਼ਲੇ-ਫ਼ਿਕਰਾਂ ਤੋਂ) ਬਚ ਜਾਂਦੇ ਹਨ।
463	10	ਗੁਰ ਪਰਸਾਦਿ ਪਰਮਪਦੁ ਪਾਇਆ ਸੂਕੇ ਕਾਸਟ ਹਰਿਆ॥੧॥ਰਹਾਉ ॥	(ਪਰਮਪਦੁ) ਵੱਡੀ ਗੁਰਮੁਖਿ ਪਦਵੀ। ਪਰਮਪਦੁ:ਪੋਲਾ ਬੋਲੋ। (ਕਾਸਟ) ਲੱਕੜ	Gur Parasaadh Param Padh Paaeiaa Sookae Kaasatt Hariaa ||1|| Rehaao ||	By Guru's Grace, the supreme status is obtained, and the dry wood blossoms forth again in lush greenery. ||1||Pause||	ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਨੂੰ ਇਹ (ਅਡੋਲਤਾ ਵਾਲੀ) ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ, ਉਹ (ਮਾਨੋ) ਸੁੱਕਾ ਕਾਠ ਹਰਾ ਹੋ ਜਾਂਦਾ ਹੈ ॥੧॥ ਰਹਾਉ ॥

464	10	ਜਨਨਿ ਪਿਤਾ ਲੋਕ ਸੁਤ ਬਨਿਤਾ ਕੋਇ ਨ ਕਿਸ ਕੀ ਧਰਿਆ॥	(ਜਨਨਿ) ਮਾਤਾ। (ਸੁੱਤ) ਪੁੱਤ੍ਰ। (ਬਨਿ-ਤਾ) ਨਾਰੀ। (ਧਰਿਆ) ਆਸਰਾ, ਸਹਾਰਾ। ਜਿੱਥੇ ਸੁਤ ਆਵੇ, ਅਧਕ ਲਾ ਕੇ ਸੁੱਤ ਬੋਲੋ	Janan Pithaa Lok Suth Banithaa Koe N Kis Kee Dhhariaa ||	Mothers, fathers, friends, children and spouses-no one is the support of anyone else.	(ਹੇ ਮਨ!) ਮਾਂ, ਪਿਉ, ਪੁੱਤਰ, ਲੋਕ, ਵਹੁਟੀ-ਕੋਈ ਭੀ ਕਿਸੇ ਦਾ ਆਸਰਾ ਨਹੀਂ ਹੈ।
465	10	ਸਿਰਿ ਸਿਰਿ ਰਿਜਕੁ ਸੰਬਾਹੇ ਠਾਕੁਰੁ ਕਾਹੇ ਮਨ ਭਉ ਕਰਿਆ॥੨॥	(ਸੰਬਾਹੇ) ਪਹੁੰਚਾਉਂਦੇ। (ਭਉ) ਡਰ	Sir Sir Rijak Sanbaahae Thaakur Kaahae Man Bho Kariaa ||2||	For each and every person, our Lord and Master provides sustenance. Why are you so afraid, O mind? ||2||	ਹੇ ਮਨ! ਤੂੰ ਕਿਉਂ ਡਰਦਾ ਹੈਂ? ਪਾਲਣਹਾਰ ਪ੍ਰਭੂ ਹਰੇਕ ਜੀਵ ਨੂੰ ਆਪ ਹੀ ਰਿਜ਼ਕ ਅਪੜਾਂਦਾ ਹੈ ॥੨॥
466	10	ਊਡੇ ਊਡਿ ਆਵੈ ਸੈ ਕੋਸਾ ਤਿਸੁ ਪਾਛੈ ਬਚਰੇ ਛਰਿਆ॥	(ਸੈ) ਸੈਂਕੜੇ। (ਕੋਸਾ) ਕੋਹਾਂ। (ਬਚਰੇ) ਬੱਚੇ। ਬਚਰੇ:ਪੋਲਾ ਬੋਲੋ।(ਛਰਿਆ) ਛੱਡੇ। ਊੱਡੇ, ਊੱਡਿ	Ooddae Oodd Aavai Sai Kosaa This Paashhai Bacharae Shhariaa ||	The flamingoes fly hundreds of miles, leaving their young ones behind.	(ਹੇ ਮਨ! ਵੇਖ! ਕੂੰਜ) ਉੱਡ ਉੱਡ ਕੇ ਸੈਂਕੜੇ ਕੋਹਾਂ ਤੇ ਆ ਜਾਂਦੀ ਹੈ, ਪਿੱਛੇ ਉਸ ਦੇ ਬੱਚੇ (ਇਕੱਲੇ) ਛੱਡੇ ਹੋਏ ਹੁੰਦੇ ਹਨ।
467	10	ਤਿਨ ਕਵਣੁ ਖਲਾਵੈ ਕਵਣੁ ਚੁਗਾਵੈ ਮਨ ਮਹਿ ਸਿਮਰਨੁ ਕਰਿਆ॥੩॥		Thin Kavan Khalaavai Kavan Chugaavai Man Mehi Simaran Kariaa ||3||	Who feeds them, and who teaches them to feed themselves? Have you ever thought of this in your mind? ||3||	ਉਹਨਾਂ ਨੂੰ ਕੋਈ ਕੁਝ ਖੁਆਲਣ ਵਾਲਾ ਨਹੀਂ, ਕੋਈ ਉਹਨਾਂ ਨੂੰ ਚੋਗਾ ਨਹੀਂ ਚੁਗਾਂਦਾ। ਉਹ ਕੂੰਜ ਆਪਣੇ ਬੱਚਿਆਂ ਦਾ ਧਿਆਨ ਆਪਣੇ ਮਨ ਵਿਚ ਧਰਦੀ ਰਹਿੰਦੀ ਹੈ (ਤੇ, ਇਸੇ ਨੂੰ ਪ੍ਰਭੂ ਉਹਨਾਂ ਦੇ ਪਾਲਣ ਦਾ ਵਸੀਲਾ ਬਣਾਂਦਾ ਹੈ) ॥੩॥

468	10	ਸਭਿ ਨਿਧਾਨ ਦਸ ਅਸਟ ਸਿਧਾਨ ਠਾਕੁਰ ਕਰ ਤਲ ਧਰਿਆ॥	(ਨਿਧਾਨ) ਖਜ਼ਾਨੇ। (ਦਸ ਅਸਟ) ਅਠਾਰਾਂ। (ਸਿਧਾਨ) ਸਿੱਧੀਆਂ। (ਕਰ) ਹੱਥ। (ਤਲ) ਤਲੀ। (ਧਰਿਆ) ਰੱਖੇ ਹਨ।ਅਸਟ ਸੱਸੇ ਪੈਰ ਬਿੰਦੀ ਨਹੀਂ ਲਾਉਣੀ। ਅਸਟ, ਦਸ, ਤਲ: ਪੋਲੇ ਬੋਲੋ	Sabh Nidhhaan Dhas Asatt Sidhhaan Thaakur Kar Thal Dhhariaa ||	All the nine treasures, and the eighteen supernatural powers are held by our Lord and Master in the Palm of His Hand.	ਹੇ ਪਾਲਣਹਾਰ ਪ੍ਰਭੂ! ਜਗਤ ਦੇ ਸਾਰੇ ਖ਼ਜ਼ਾਨੇ ਤੇ ਅਠਾਰਾਂ ਸਿੱਧੀਆਂ (ਮਾਨੋ) ਤੇਰੇ ਹੱਥਾਂ ਦੀਆਂ ਤਲੀਆਂ ਉੱਤੇ ਰੱਖੇ ਪਏ ਹਨ।
469	10	ਜਨ ਨਾਨਕ ਬਲਿ ਬਲਿ ਸਦ ਬਲਿ ਜਾਈਐ ਤੇਰਾ ਅੰਤੁ ਨ ਪਾਰਾਵਰਿਆ॥੪॥੫॥	(ਬਲਿ) ਕੁਰਬਾਨ।ਬਲਿ ਲੱਲੇ ਪੈਰ ਬਿੰਦੀ ਲਾ ਕੇ ਅਰਥ ਸੜਨਾ ਹੈ। ਬਲਿ ਬਲਿ ਬਲਿ: ਲੱਲੇ ਪੈਰ ਬਿੰਦੀ ਨਹੀਂ ਲਾਉਣੀ, ਪੋਲੇ ਬੋਲਣੇ	Jan Naanak Bal Bal Sadh Bal Jaaeeai Thaeraa Anth N Paaraavariaa ||4||5||	Servant Nanak is devoted, dedicated, forever a sacrifice to You, Lord. Your Expanse has no limit, no boundary. ||4||5||	ਹੇ ਦਾਸ ਨਾਨਕ! ਐਸੇ ਪ੍ਰਭੂ ਤੋਂ ਸਦਾ ਸਦਕੇ ਹੋ, ਸਦਾ ਕੁਰਬਾਨ ਹੋ, (ਤੇ ਆਖ-ਹੇ ਪ੍ਰਭੂ!) ਤੇਰੀ ਬਜ਼ੁਰਗੀ ਦੇ ਉਰਲੇ ਪਾਰਲੇ ਬੰਨੇ ਦਾ ਅੰਤ ਨਹੀਂ ਪੈ ਸਕਦਾ ॥੪॥੫॥
470	10	ਰਾਗੁ ਆਸਾ ਮਹਲਾ ੪ ਸੋ ਪੁਰਖੁ		Raag Aasaa Mehalaa 4 So Purakhu	Raag Aasaa, Fourth Mehl, So Purakh ~ That Primal Being:	ਰਾਗ ਆਸਾ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਸੋ-ਪੁਰਖੁ'।
471	10	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

472	10	ਸੋ ਪੁਰਖੁ ਨਿਰੰਜਨੁ ਹਰਿ ਪੁਰਖੁ ਨਿਰੰਜਨੁ ਹਰਿ ਅਗਮਾ ਅਗਮ ਅਪਾਰਾ॥	(ਨਿਰੰਜਨੇ) ਸ਼ੁੱਧ ਸਰੂਪ। (ਅ-ਗਮਾ ਅ-ਗਮ: ਪੋਲੇ ਬੋਲੋ) ਮਨ ਬਾਣੀ ਕਰਕੇ ਨ ਜਾਣ ਸਕਣ ਵਾਲੇ। (ਅਪਾਰਾ) ਬੇਅੰਤ। ਨਿਰੰਜਨੁ: ਜ ਕਸਕੇ	So Purakh Niranjan Har Purakh Niranjan Har Agamaa Agam Apaaraa ||	That Primal Being is Immaculate and Pure. The Lord, the Primal Being, is Immaculate and Pure. The Lord is Inaccessible, Unreachable and Unrivalled.	ਉਹ ਪਰਮਾਤਮਾ ਸਾਰੇ ਜੀਵਾਂ ਵਿੱਚ ਵਿਆਪਕ ਹੈ (ਫਿਰ ਵੀ) ਮਾਇਆ ਦੇ ਪ੍ਰਭਾਵ ਤੋਂ ਉਤਾਂਹ ਹੈ, ਅਪਹੁੰਚ ਹੈ ਅਤੇ ਬੇਅੰਤ ਹੈ।
473	10	ਸਭਿ ਧਿਆਵਹਿ ਸਭਿ ਧਿਆਵਹਿ ਤੁਧੁ ਜੀ ਹਰਿ ਸਚੇ ਸਿਰਜਣਹਾਰਾ॥	(ਸਿਰਜਣਹਾਰਾ) ਰਚਨਵਾਲੇ	Sabh Dhhiaavehi Sabh Dhhiaavehi Thudhh Jee Har Sachae Sirajanehaaraa ||	All meditate, all meditate on You, Dear Lord, O True Creator Lord.	ਹੇ ਸਦਾ ਕਾਇਮ ਰਹਿਣ ਵਾਲੇ ਅਤੇ ਸਭ ਜੀਵਾਂ ਨੂੰ ਪੈਦਾ ਕਰਨ ਵਾਲੇ ਹਰੀ! ਸਾਰੇ ਜੀਵ ਤੈਨੂੰ ਸਦਾ ਸਿਮਰਦੇ ਹਨ, ਤੇਰਾ ਧਿਆਨ ਧਰਦੇ ਹਨ।
474	10	ਸਭਿ ਜੀਅ ਤੁਮਾਰੇ ਜੀ ਤੂੰ ਜੀਆ ਕਾ ਦਾਤਾਰਾ॥		Sabh Jeea Thumaarae Jee Thoon Jeeaa Kaa Dhaathaaraa ||	All living beings are Yours-You are the Giver of all souls.	ਹੇ ਪ੍ਰਭੂ! ਸਾਰੇ ਜੀਵ ਤੇਰੇ ਹੀ ਪੈਦਾ ਕੀਤੇ ਹੋਏ ਹਨ, ਤੂੰ ਹੀ ਸਭ ਜੀਵਾਂ ਦਾ ਰਾਜ਼ਕ ਹੈਂ।
475	10	ਹਰਿ ਧਿਆਵਹੁ ਸੰਤਹੁ ਜੀ ਸਭਿ ਦੂਖ ਵਿਸਾਰਣਹਾਰਾ॥		Har Dhhiaavahu Santhahu Jee Sabh Dhookh Visaaranehaaraa ||	Meditate on the Lord, O Saints; He is the Dispeller of all sorrow.	ਹੇ ਸੰਤ ਜਨੋ! ਉਸ ਪਰਮਾਤਮਾ ਦਾ ਧਿਆਨ ਧਰਿਆ ਕਰੋ, ਉਹ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ।

476	10	ਹਰਿ ਆਪੇ ਠਾਕੁਰੁ ਹਰਿ ਆਪੇ ਸੇਵਕੁ ਜੀ ਕਿਆ ਨਾਨਕ ਜੰਤ ਵਿਚਾਰਾ॥੧॥		Har Aapae Thaakur Har Aapae Saevak Jee Kiaa Naanak Janth Vichaaraa ||1||	The Lord Himself is the Master, the Lord Himself is the Servant. O Nanak, the poor beings are wretched and miserable! ||1||	ਉਹ (ਸਭ ਜੀਵਾਂ ਵਿਚ ਵਿਆਪਕ ਹੋਣ ਕਰਕੇ) ਆਪ ਹੀ ਮਾਲਕ ਹੈ ਅਤੇ ਆਪ ਹੀ ਸੇਵਕ ਹੈ। ਹੇ ਨਾਨਕ! ਉਸ ਤੋਂ ਬਿਨਾ) ਜੀਵ ਵਿਚਾਰੇ ਕੀਹ ਹਨ? (ਉਸ ਹਰੀ ਤੋਂ ਵੱਖਰੀ ਜੀਵਾਂ ਦੀ ਕੋਈ ਹਸਤੀ ਨਹੀਂ) ॥੧॥
477	11	ਤੂ ਘਟ ਘਟ ਅੰਤਰਿ ਸਰਬ ਨਿਰੰਤਰਿ ਜੀ ਹਰਿ ਏਕੋ ਪੁਰਖੁ ਸਮਾਣਾ॥	(ਘਟ) ਦਿਲ। (ਘਟ ਘਟ) ਸਾਰੀਆਂ ਘਟਾਂ ਅੰਦਰ। ਘਟ ਹਿਰਦਾ ਅਰਥ ਆਵੇ ਤਾਂ ਘਟ: ਪੋਲਾ ਬੋਲੋ। ਘੱਟ ਥੋੜਾ ਅਰਥ ਬਣੇ ਤਾਂ ਘੱਟ ਪਾਠ ਕਰਨਾ। (ਨਿਰੰਤਰਿ) ਇੱਕ ਰਸ। (ਸਮਾਣਾ) ਸਮਾਏ। ਘਟ ਘਟ: ਪੋਲੇ ਬੋਲੋ	Thoon Ghatt Ghatt Anthar Sarab Niranthar Jee Har Eaeko Purakh Samaanaa ||	You are constant in each and every heart, and in all things. O Dear Lord, you are the One.	ਹੇ ਹਰੀ! ਤੂੰ ਹਰੇਕ ਸਰੀਰ ਵਿਚ ਵਿਆਪਕ ਹੈਂ; ਤੂੰ ਸਾਰੇ ਜੀਵਾਂ ਵਿਚ ਇਕ-ਰਸ ਮੌਜੂਦ ਹੈਂ, ਤੂੰ ਇਕ ਆਪ ਹੀ ਸਭ ਵਿਚ ਸਮਾਇਆ ਹੋਇਆ ਹੈਂ।
478	11	ਇਕਿ ਦਾਤੇ ਇਕਿ ਭੇਖਾਰੀ ਜੀ ਸਭਿ ਤੇਰੇ ਚੋਜ ਵਿਡਾਣਾ॥	(ਵਿਡਾਣਾ) ਅਸਚਰਜ	Eik Dhaathae Eik Bhaekhaaree Jee Sabh Thaerae Choj Viddaanaa ||	Some are givers, and some are beggars. This is all Your Wondrous Play.	(ਫਿਰ ਭੀ) ਕਈ ਜੀਵ ਦਾਨੀ ਹਨ, ਕਈ ਜੀਵ ਮੰਗਤੇ ਹਨ- ਇਹ ਸਾਰੇ ਤੇਰੇ ਹੀ ਅਚਰਜ ਤਮਾਸ਼ੇ ਹਨ,

479	11	ਤੂੰ ਆਪੇ ਦਾਤਾ ਆਪੇ ਭੁਗਤਾ ਜੀ ਹਉ ਤੁਧੁ ਬਿਨੁ ਅਵਰੁ ਨ ਜਾਣਾ॥	(ਭੁਗਤਾ) ਭੋਗਣ ਛਕਣ ਵਾਲੇ	Thoon Aapae Dhaathaa Aapae Bhugathaa Jee Ho Thudhh Bin Avar N Jaanaa ||	You Yourself are the Giver, and You Yourself are the Enjoyer. I know no other than You.	(ਕਿਉਂਕਿ ਅਸਲ ਵਿਚ) ਤੂੰ ਆਪ ਹੀ ਦਾਤਾਂ ਦੇਣ ਵਾਲਾ ਹੈਂ, ਤੇ, ਆਪ (ਹੀ ਉਹਨਾਂ ਦਾਤਾਂ ਨੂੰ) ਵਰਤਣ ਵਾਲਾ ਹੈਂ। (ਸਾਰੀ ਸ੍ਰਿਸ਼ਟੀ ਵਿਚ) ਮੈਂ ਤੈਥੋਂ ਬਿਨਾ ਕਿਸੇ ਹੋਰ ਨੂੰ ਨਹੀਂ ਪਛਾਣਦਾ (ਤੈਥੋਂ ਬਿਨਾ ਕੋਈ ਹੋਰ ਨਹੀਂ ਦਿੱਸਦਾ)।
480	11	ਤੂੰ ਪਾਰਬ੍ਰਹਮੁ ਬੇਅੰਤੁ ਬੇਅੰਤੁ ਜੀ ਤੇਰੇ ਕਿਆ ਗੁਣ ਆਖਿ ਵਖਾਣਾ॥	(ਵਖਾਣਾ) ਬਿਆਨ ਕਰਾਂ	Thoon Paarabreham Baeanth Baeanth Jee Thaerae Kiaa Gun Aakh Vakhaanaa ||	You are the Supreme Lord God, Limitless and Infinite. What Virtues of Yours can I speak of and describe?	ਤੂੰ ਬੇਅੰਤ ਪਾਰਬ੍ਰਹਮ ਹੈਂ। ਮੈਂ ਤੇਰੇ ਕੇਹੜੇ ਕੇਹੜੇ ਗੁਣ ਗਾ ਕੇ ਦੱਸਾਂ?
481	11	ਜੋ ਸੇਵਹਿ ਜੋ ਸੇਵਹਿ ਤੁਧੁ ਜੀ ਜਨੁ ਨਾਨਕੁ ਤਿਨ ਕੁਰਬਾਣਾ॥੨॥		Jo Saevehi Jo Saevehi Thudhh Jee Jan Naanak Thin Kurabaanaa ||2||	Unto those who serve You, unto those who serve You, Dear Lord, servant Nanak is a sacrifice. ||2||	ਹੇ ਪ੍ਰਭੂ! ਜੇਹੜੇ ਮਨੁੱਖ ਤੈਨੂੰ ਯਾਦ ਕਰਦੇ ਹਨ ਤੈਨੂੰ ਸਿਮਰਦੇ ਹਨ (ਤੇਰਾ) ਦਾਸ ਨਾਨਕ ਉਹਨਾਂ ਤੋਂ ਸਦਕੇ ਜਾਂਦਾ ਹੈ ॥੨॥
482	11	ਹਰਿ ਧਿਆਵਹਿ ਹਰਿ ਧਿਆਵਹਿ ਤੁਧੁ ਜੀ ਸੇ ਜਨ ਜੁਗ ਮਹਿ ਸੁਖਵਾਸੀ॥	ਜੁੱਗ	Har Dhhiaavehi Har Dhhiaavehi Thudhh Jee Sae Jan Jug Mehi Sukhavaasee ||	Those who meditate on You, Lord, those who meditate on You- those humble beings dwell in peace in this world.	ਹੇ ਪ੍ਰਭੂ ਜੀ! ਜੇਹੜੇ ਮਨੁੱਖ ਤੈਨੂੰ ਸਿਮਰਦੇ ਹਨ ਤੇਰਾ ਧਿਆਨ ਧਰਦੇ ਹਨ, ਉਹ ਬੰਦੇ ਆਪਣੀ ਜ਼ਿੰਦਗੀ ਵਿਚ ਸੁਖੀ ਵੱਸਦੇ ਹਨ।

483	11	ਸੇ ਮੁਕਤੁ ਸੇ ਮੁਕਤੁ ਭਏ ਜਿਨ ਹਰਿ ਧਿਆਇਆ ਜੀ ਤਿਨ ਤੂਟੀ ਜਮ ਕੀ ਫਾਸੀ॥		Sae Mukath Sae Mukath Bheae Jin Har Dhhiaaeiaa Jee Thin Thoottee Jam Kee Faasee ||	They are liberated, they are liberated- those who meditate on the Lord. For them, the noose of death is cut away.	ਜਿਨ੍ਹਾਂ ਮਨੁੱਖਾਂ ਨੇ ਹਰਿ-ਨਾਮ ਸਿਮਰਿਆ ਹੈ, ਉਹ ਸਦਾ ਲਈ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਹੋ ਗਏ ਹਨ, ਉਹਨਾਂ ਦੀ ਜਮਾਂ ਵਾਲੀ ਫਾਹੀ ਟੁੱਟ ਗਈ ਹੈ (ਆਤਮਕ ਮੌਤ ਉਹਨਾਂ ਦੇ ਨੇੜੇ ਨਹੀਂ ਢੁੱਕਦੀ)।
484	11	ਜਿਨ ਨਿਰਭਉ ਜਿਨ ਹਰਿ ਨਿਰਭਉ ਧਿਆਇਆ ਜੀ ਤਿਨ ਕਾ ਭਉ ਸਭੁ ਗਵਾਸੀ॥		Jin Nirabho Jin Har Nirabho Dhhiaaeiaa Jee Thin Kaa Bho Sabh Gavaasee ||	Those who meditate on the Fearless One, on the Fearless Lord- all their fears are dispelled.	ਜਿਨ੍ਹਾਂ ਬੰਦਿਆਂ ਨੇ ਸਦਾ ਨਿਰਭਉ ਪ੍ਰਭੂ ਦਾ ਨਾਮ ਸਿਮਰਿਆ ਹੈ; ਪ੍ਰਭੂ ਉਹਨਾਂ ਦਾ ਸਾਰਾ ਡਰ ਦੂਰ ਕਰ ਦੇਂਦਾ ਹੈ।
485	11	ਜਿਨ ਸੇਵਿਆ ਜਿਨ ਸੇਵਿਆ ਮੇਰਾ ਹਰਿ ਜੀ ਤੇ ਹਰਿ ਹਰਿ ਰੂਪਿ ਸਮਾਸੀ॥	(ਸਮਾਸੀ) ਲੀਨ ਹੋ ਜਾਂਦੇ	Jin Saeviaa Jin Saeviaa Maeraa Har Jee Thae Har Har Roop Samaasee ||	Those who serve, those who serve my Dear Lord, are absorbed into the Being of the Lord, Har, Har.	ਜਿਨ੍ਹਾਂ ਮਨੁੱਖਾਂ ਨੇ ਪਿਆਰੇ ਪ੍ਰਭੂ ਨੂੰ ਸਦਾ ਸਿਮਰਿਆ ਹੈ, ਉਹ ਪ੍ਰਭੂ ਦੇ ਰੂਪ ਵਿਚ ਹੀ ਲੀਨ ਹੋ ਗਏ ਹਨ।

486	11	ਸੇ ਧੰਨੁ ਸੇ ਧੰਨੁ ਜਿਨ ਹਰਿ ਧਿਆਇਆ ਜੀ ਜਨੁ ਨਾਨਕੁ ਤਿਨ ਬਲਿ ਜਾਸੀ॥੩॥		Sae Dhhann Sae Dhhann Jin Har Dhhiaaeiaa Jee Jan Naanak Thin Bal Jaasee ||3||	Blessed are they, blessed are they, who meditate on their Dear Lord. Servant Nanak is a sacrifice to them. ||3||	ਭਾਗਾਂ ਵਾਲੇ ਹਨ ਉਹ ਮਨੁੱਖ, ਧੰਨ ਹਨ ਉਹ ਮਨੁੱਖ, ਜਿਨ੍ਹਾਂ ਪ੍ਰਭੂ ਦਾ ਨਾਮ ਸਿਮਰਿਆ ਹੈ। ਦਾਸ ਨਾਨਕ ਉਹਨਾਂ ਤੋਂ ਸਦਕੇ ਜਾਂਦਾ ਹੈ ॥੩॥
487	11	ਤੇਰੀ ਭਗਤਿ ਤੇਰੀ ਭਗਤਿ ਭੰਡਾਰ ਜੀ ਭਰੇ ਬਿਅੰਤ ਬੇਅੰਤਾ॥		Thaeree Bhagath Thaeree Bhagath Bhanddaar Jee Bharae Bianth Baeanthaa ||	Devotion to You, devotion to You, is a treasure overflowing, infinite and beyond measure.	ਹੇ ਪ੍ਰਭੂ! ਤੇਰੀ ਭਗਤੀ ਦੇ ਬੇਅੰਤ ਖ਼ਜਾਨੇ ਭਰੇ ਪਏ ਹਨ।
488	11	ਤੇਰੇ ਭਗਤ ਤੇਰੇ ਭਗਤ ਸਲਾਹਨਿ ਤੁਧੁ ਜੀ ਹਰਿ ਅਨਿਕ ਅਨੇਕ ਅਨੰਤਾ॥	(ਅਨੰਤਾ) ਬੇਅੰਤ	Thaerae Bhagath Thaerae Bhagath Salaahan Thudhh Jee Har Anik Anaek Ananthaa ||	Your devotees, Your devotees praise You, Dear Lord, in many and various and countless ways.	ਹੇ ਹਰੀ! ਅਨੇਕਾਂ ਤੇ ਬੇਅੰਤ ਤੇਰੇ ਭਗਤ ਤੇਰੀ ਸਿਫ਼ਤ-ਸਾਲਾਹ ਕਰ ਰਹੇ ਹਨ।
489	11	ਤੇਰੀ ਅਨਿਕ ਤੇਰੀ ਅਨਿਕ ਕਰਹਿ ਹਰਿ ਪੂਜਾ ਜੀ ਤਪੁ ਤਾਪਹਿ ਜਪਹਿ ਬੇਅੰਤਾ॥	(ਤਪੁ ਤਾਪਹਿ) ਤਪ ਤਪਾਉਂਦੇ। ਅ-ਨਿਕ ਦੇ ਨੰਨੇ ਸਿਹਾਰੀ ਲਾਉ, ਬੋਲਣ ਲੱਗਿਆਂ ਕੱਕੇ ਨੂੰ ਸਿਹਾਰੀ ਨਹੀਂ ਲਾਉਣੀ, ਜਪ-ਹਿ: ਪੋਲਾ ਬੋਲੋ	Thaeree Anik Thaeree Anik Karehi Har Poojaa Jee Thap Thaapehi Japehi Baeanthaa ||	For You, many, for You, so very many perform worship services, O Dear Infinite Lord; they practice disciplined meditation and chant endlessly.	ਹੇ ਪ੍ਰਭੂ! ਅਨੇਕਾਂ ਜੀਵ ਤੇਰੀ ਪੂਜਾ ਕਰਦੇ ਹਨ। ਬੇਅੰਤ ਜੀਵ (ਤੈਨੂੰ ਮਿਲਣ ਲਈ) ਤਪ ਸਾਧਦੇ ਹਨ।

490	11	ਤੇਰੇ ਅਨੇਕ ਤੇਰੇ ਅਨੇਕ ਪੜਹਿ ਬਹੁ ਸਿਮ੍ਰਿਤਿ ਸਾਸਤ ਜੀ ਕਰਿ ਕਿਰਿਆ ਖਟੁ ਕਰਮ ਕਰੰਤਾ॥	(ਕਿਰਿਆ) ਧਾਰਮਿਕ ਕਰਮ। (ਖਟੁ) ਛੇ। ਸਿਮ-ਫ੍ਰਿਤਿ: ਮ ਮੁਕਤਾ ਬੋਲੋ, ਅੱਧੇ ਰਾਰੇ ਨੂੰ ਸਿਹਾਰੀ ਲਾ ਕੇ,: ਪੋਲਾ ਬੋਲੋ , ਸਿਹਾਰੀ ਤੱਤੇ ਨੂੰ ਭੀ ਲਾਉ। ਖਟੁ: ਪੋਲਾ ਬੋਲੋ	Thaerae Anaek Thaerae Anaek Parrehi Bahu Simrith Saasath Jee Kar Kiriaa Khatt Karam Karanthaa ||	For You, many, for You, so very many read the various Simritees and Shaastras. They perform rituals and religious rites.	ਤੇਰੇ ਅਨੇਕਾਂ (ਸੇਵਕ) ਕਈ ਸਿਮ੍ਰਿਤਿਆਂ ਅਤੇ ਸ਼ਾਸਤ੍ਰ ਪੜ੍ਹਦੇ ਹਨ (ਅਤੇ ਉਹਨਾਂ ਦੇ ਦੱਸੇ ਹੋਏ) ਛੇ ਧਾਰਮਿਕ ਕੰਮ ਤੇ ਹੋਰ ਕਰਮ ਕਰਦੇ ਹਨ।
491	11	ਸੇ ਭਗਤ ਸੇ ਭਗਤ ਭਲੇ ਜਨ ਨਾਨਕ ਜੀ ਜੋ ਭਾਵਹਿ ਮੇਰੇ ਹਰਿ ਭਗਵੰਤਾ॥੪॥		Sae Bhagath Sae Bhagath Bhalae Jan Naanak Jee Jo Bhaavehi Maerae Har Bhagavanthaa ||4||	Those devotees, those devotees are sublime, O servant Nanak, who are pleasing to my Dear Lord God. ||4||	ਹੇ ਦਾਸ ਨਾਨਕ! ਉਹੀ ਭਗਤ ਭਲੇ ਹਨ (ਉਹਨਾਂ ਦੀ ਹੀ ਘਾਲ ਕਬੂਲ ਹੋਈ ਜਾਣੋ) ਜੋ ਪਿਆਰੇ ਹਰਿ-ਭਗਵੰਤ ਨੂੰ ਪਿਆਰੇ ਲੱਗਦੇ ਹਨ ॥੪॥
492	11	ਤੂੰ ਆਦਿ ਪੁਰਖੁ ਅਪਰੰਪਰੁ ਕਰਤਾ ਜੀ ਤੁਧੁ ਜੇਵਡੁ ਅਵਰੁ ਨ ਕੋਈ॥	(ਅਪ-ਰੰਪਰੁ) ਬੇਅੰਤ	Thoon Aadh Purakh Aparanpar Karathaa Jee Thudhh Jaevadd Avar N Koee ||	You are the Primal Being, the Most Wonderful Creator. There is no other as Great as You.	ਹੇ ਪ੍ਰਭੂ! ਤੂੰ (ਸਾਰੇ ਜਗਤ ਦਾ) ਮੂਲ ਹੈਂ, ਸਭ ਵਿਚ ਵਿਆਪਕ ਹੈਂ, ਬੇਅੰਤ ਹੈਂ, ਸਭ ਦਾ ਪੈਦਾ ਕਰਨ ਵਾਲਾ ਹੈਂ, ਅਤੇ ਤੇਰੇ ਬਰਾਬਰ ਦਾ ਹੋਰ ਕੋਈ ਨਹੀਂ ਹੈ।

493	11	ਤੂੰ ਜੁਗੁ ਜੁਗੁ ਏਕੋ ਸਦਾ ਸਦਾ ਤੂੰ ਏਕੋ ਜੀ ਤੂੰ ਨਿਹਚਲੁ ਕਰਤਾ ਸੋਈ॥	(ਨਿਹਚਲੁ) ਅਚੱਲ, ਸਦਾ ਲਈ ਕਾਇਮ। ਜੁੱਗੁ ਜੁੱਗੁ। ਨਿਹ-ਚੱਲੁ: ਹਾਹਾ ਮੁਕਤਾ ਬੋਲੋ	Thoon Jug Jug Eaeko Sadhaa Sadhaa Thoon Eaeko Jee Thoon Nihachal Karathaa Soee ||	Age after age, You are the One. Forever and ever, You are the One. You never change, O Creator Lord.	ਤੂੰ ਹਰੇਕ ਜੁਗ ਵਿਚ ਇਕ ਆਪ ਹੀ ਹੈਂ, ਤੂੰ ਸਦਾ ਹੀ ਆਪ ਹੀ ਆਪ ਹੈਂ, ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਸਭ ਦਾ ਪੈਦਾ ਕਰਨ ਵਾਲਾ ਹੈਂ, ਸਭ ਦੀ ਸਾਰ ਲੈਣ ਵਾਲਾ ਹੈਂ।
494	11	ਤੁਧੁ ਆਪੇ ਭਾਵੈ ਸੋਈ ਵਰਤੈ ਜੀ ਤੂੰ ਆਪੇ ਕਰਹਿ ਸੁ ਹੋਈ॥		Thudhh Aapae Bhaavai Soee Varathai Jee Thoon Aapae Karehi S Hoee ||	Everything happens according to Your Will. You Yourself accomplish all that occurs.	ਹੇ ਪ੍ਰਭੂ! ਜਗਤ ਵਿਚ ਉਹੀ ਹੁੰਦਾ ਹੈ ਜੋ ਤੈਨੂੰ ਆਪ ਨੂੰ ਚੰਗਾ ਲੱਗਦਾ ਹੈ, ਉਹੀ ਹੁੰਦਾ ਹੈ ਜੋ ਤੂੰ ਆਪ ਹੀ ਕਰਦਾ ਹੈਂ।
495	11	ਤੁਧੁ ਆਪੇ ਸ੍ਰਿਸਟਿ ਸਭ ਉਪਾਈ ਜੀ ਤੁਧੁ ਆਪੇ ਸਿਰਜਿ ਸਭ ਗੋਈ॥	(ਗੋਈ) ਮਿਲਾਈ, ਬੁਲਾਈ, ਛੁਪਾਈ। (ਸਿਰ-ਜਿ) ਪੈਦਾ ਕੀਤੀ। ਸਿਰ-ਜਿ: ਬੋਲੋ ਇਕੱਠਾ ਮਿਲਵਾਂ। (ਗੋਈ) ਨਾਸ ਕੀਤੀ	Thudhh Aapae Srisatt Sabh Oupaaee Jee Thudhh Aapae Siraj Sabh Goee ||	You Yourself created the entire universe, and having fashioned it, You Yourself shall destroy it all.	ਹੇ ਪ੍ਰਭੂ! ਸਾਰੀ ਸ੍ਰਿਸ਼ਟੀ ਤੂੰ ਆਪ ਹੀ ਪੈਦਾ ਕੀਤੀ ਹੈ। ਤੂੰ ਆਪ ਹੀ ਇਸ ਨੂੰ ਪੈਦਾ ਕਰਕੇ ਆਪ ਹੀ ਇਸ ਨੂੰ ਨਾਸ ਕਰਦਾ ਹੈਂ।
496	11	ਜਨੁ ਨਾਨਕੁ ਗੁਣ ਗਾਵੈ ਕਰਤੇ ਕੇ ਜੀ ਜੋ ਸਭਸੈ ਕਾ ਜਾਣੋਈ॥੫॥੧॥	(ਜਾਣੋਈ) ਜਾਨਣ ਵਾਲੇ	Jan Naanak Gun Gaavai Karathae Kae Jee Jo Sabhasai Kaa Jaanoee ||5||1||	Servant Nanak sings the Glorious Praises of the Dear Creator, the Knower of all. ||5||1||	ਦਾਸ ਨਾਨਕ ਉਸ ਕਰਤਾਰ ਦੇ ਗੁਣ ਗਾਂਦਾ ਹੈ ਜੋ ਹਰੇਕ ਜੀਵ ਦੇ ਦਿਲ ਦੀ ਜਾਣਨ ਵਾਲਾ ਹੈ ॥੫॥੧॥
497	11	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	

498	11	ਤੂੰ ਕਰਤਾ ਸਚਿਆਰੁ ਮੈਡਾ ਸਾਂਈ॥	(ਮੈਡਾ) ਮੇਰਾ	Thoon Karathaa Sachiaar Maiddaa Saanee ||	You are the True Creator, my Lord and Master.	(ਹੇ ਪ੍ਰਭੂ!) ਤੂੰ ਸਭ ਦਾ ਪੈਦਾ ਕਰਨ ਵਾਲਾ ਹੈਂ, ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ ਹੀ ਮੇਰਾ ਖਸਮ ਹੈਂ।
499	11	ਜੋ ਤਉ ਭਾਵੈ ਸੋਈ ਥੀਸੀ ਜੋ ਤੂ ਦੇਹਿ ਸੋਈ ਹਉ ਪਾਈ॥੧॥ਰਹਾਉ॥	(ਥੀਸੀ) ਹੁੰਦਾ	Jo Tho Bhaavai Soee Thheesee Jo Thoon Dhaehi Soee Ho Paaee ||1|| Rehaao ||	Whatever pleases You comes to pass. As You give, so do we receive. ||1||Pause||	(ਜਗਤ ਵਿਚ) ਉਹੀ ਕੁਝ ਹੁੰਦਾ ਹੈ ਜੋ ਤੈਨੂੰ ਪਸੰਦ ਆਉਂਦਾ ਹੈ। ਜੋ ਕੁਝ ਤੂੰ ਦੇਵੇਂ, ਮੈਂ ਉਹੀ ਕੁਝ ਪ੍ਰਾਪਤ ਕਰਦਾ ਹਾਂ ॥੧॥ ਰਹਾਉ ॥
500	11	ਸਭ ਤੇਰੀ ਤੂੰ ਸਭਨੀ ਧਿਆਇਆ॥		Sabh Thaeree Thoon Sabhanee Dhhiaaeiaa ||	All belong to You, all meditate on you.	(ਹੇ ਪ੍ਰਭੂ!) ਸਾਰੀ ਸ੍ਰਿਸ਼ਟੀ ਤੇਰੀ (ਬਣਾਈ ਹੋਈ) ਹੈ, ਸਾਰੇ ਜੀਵ ਤੈਨੂੰ ਹੀ ਸਿਮਰਦੇ ਹਨ।
501	11	ਜਿਸ ਨੋ ਕ੍ਰਿਪਾ ਕਰਹਿ ਤਿਨਿ ਨਾਮ ਰਤਨੁ ਪਾਇਆ॥		Jis No Kirapaa Karehi Thin Naam Rathan Paaeiaa ||	Those who are blessed with Your Mercy obtain the Jewel of the Naam, the Name of the Lord.	ਜਿਸ ਉੱਤੇ ਤੂੰ ਦਇਆ ਕਰਦਾ ਹੈਂ ਉਸੇ ਨੇ ਤੇਰਾ ਰਤਨ ਵਰਗਾ (ਕੀਮਤੀ) ਨਾਮ ਲੱਭਾ ਹੈ।
502	11	ਗੁਰਮੁਖਿ ਲਾਧਾ ਮਨਮੁਖਿ ਗਵਾਇਆ॥	(ਲਾਧਾ)ਲੱਭੇ	Guramukh Laadhhaa Manamukh Gavaaeiaa ||	The Gurmukhs obtain it, and the self-willed manmukhs lose it.	ਜੋ ਮਨੁੱਖ ਗੁਰੂ ਦੇ ਸਨਮੁਖ ਹੋਇਆ ਉਸ ਨੇ (ਇਹ ਰਤਨ) ਲੱਭ ਲਿਆ। ਜੋ ਆਪਣੇ ਮਨ ਦੇ ਪਿੱਛੇ ਤੁਰਿਆ, ਉਸ ਨੇ ਗਵਾ ਲਿਆ।

503	11	ਤੁਧੁ ਆਪਿ ਵਿਛੋੜਿਆ ਆਪਿ ਮਿਲਾਇਆ॥੧॥		Thudhh Aap Vishhorriaa Aap Milaaeiaa ||1||	You Yourself separate them from Yourself, and You Yourself reunite with them again. ||1||	(ਪਰ ਕਿਸੇ ਜੀਵ ਦੇ ਕੀਹ ਵੱਸ? ਹੇ ਪ੍ਰਭੂ!) ਜੀਵ ਨੂੰ ਤੂੰ ਆਪ ਹੀ (ਆਪਣੇ ਨਾਲੋਂ) ਵਿਛੋੜਦਾ ਹੈਂ, ਆਪ ਹੀ ਆਪਣੇ ਨਾਲ ਮਿਲਾਂਦਾ ਹੈਂ ॥੧॥
504	11	ਤੂੰ ਦਰੀਆਉ ਸਭ ਤੁਝ ਹੀ ਮਾਹਿ॥	(ਮਾਹਿ) ਵਿੱਚ। ਦਰੀਆਉ: ਰਾਰੇ ਬਿਹਾਰੀ ਦੀਰਘ, ਬਿਹਾਰੀ ਹਰ ਥਾਂ ਧਿਆਨ ਨਾਲ ਦੱਬ ਕੇ ਦੀਰਘ ਹੀ ਬੋਲਣੀ	Thoon Dhareeaao Sabh Thujh Hee Maahi ||	You are the River of Life; all are within You.	(ਹੇ ਪ੍ਰਭੂ!) ਤੂੰ (ਜ਼ਿੰਦਗੀ ਦਾ, ਮਾਨੋ, ਇਕ) ਦਰੀਆ ਹੈਂ, ਸਾਰੇ ਜੀਵ ਤੇਰੇ ਵਿਚ ਹੀ (ਮਾਨੋ, ਲਹਿਰਾਂ) ਹਨ।
505	11	ਤੁਝ ਬਿਨੁ ਦੂਜਾ ਕੋਈ ਨਾਹਿ॥		Thujh Bin Dhoojaa Koee Naahi ||	There is no one except You.	ਤੈਥੋਂ ਬਿਨਾ (ਤੇਰੇ ਵਰਗਾ) ਹੋਰ ਕੋਈ ਨਹੀਂ ਹੈ।
506	11	ਜੀਅ ਜੰਤ ਸਭਿ ਤੇਰਾ ਖੇਲੁ॥	ਖੇਲੁ	Jeea Janth Sabh Thaeraa Khael ||	All living beings are Your playthings.	ਇਹ ਸਾਰੇ ਜੀਆ ਜੰਤ ਤੇਰੀ (ਰਚੀ ਹੋਈ) ਖੇਡ ਹੈ।
507	11	ਵਿਜੋਗਿ ਮਿਲਿ ਵਿਛੁੜਿਆ ਸੰਜੋਗੀ ਮੇਲੁ॥੨॥	(ਵਿਜੋਗਿ) ਵਿਛੋੜੇ ਕਰਕੇ। (ਸੰਜੋਗੀ) ਮਿਲੇ ਹੋਏ, ਉਪਾਯ ਨਾਲ। ਵਿੱਛੁੜਿਆ	Vijog Mil Vishhurriaa Sanjogee Mael ||2||	The separated ones meet, and by great good fortune, those suffering in separation are reunited once again. ||2||	ਜਿਨ੍ਹਾਂ ਦੇ ਮੱਥੇ ਉਤੇ ਵਿਛੋੜੇ ਦਾ ਲੇਖ ਹੈ, ਉਹ ਮਨੁੱਖਾ ਜਨਮ ਪ੍ਰਾਪਤ ਕਰ ਕੇ ਭੀ ਤੈਥੋਂ ਵਿਛੁੜੇ ਹੋਏ ਹਨ। (ਪਰ ਤੇਰੀ ਰਜ਼ਾ ਅਨੁਸਾਰ) ਸੰਜੋਗਾਂ ਦੇ ਲੇਖ ਨਾਲ (ਫਿਰ ਤੇਰੇ ਨਾਲ) ਮਿਲਾਪ ਹੋ ਜਾਂਦਾ ਹੈ ॥੨॥

508	11	ਜਿਸ ਨੋ ਤੂ ਜਾਣਾਇਹਿ ਸੋਈ ਜਨੁ ਜਾਣੈ॥	(ਜਾਣਾਇਹਿ) ਜਣਾਉਂਦੇ ਹੋਂ। ਜਾ-ਣਾ-ਇਹਿ: ਪਾਠ ਮਿਲਵਾਂ ਦੋਵੇਂ ਕੰਨੇ ਲਾਉ	Jis No Thoo Jaanaaeihi Soee Jan Jaanai ||	They alone understand, whom You inspire to understand;	(ਹੇ ਪ੍ਰਭੂ!) ਜਿਸ ਮਨੁੱਖ ਨੂੰ ਤੂੰ ਆਪ ਸੂਝ ਬਖ਼ਸ਼ਦਾ ਹੈਂ, ਉਹ ਮਨੁੱਖ (ਜੀਵਨ ਦਾ ਸਹੀ ਰਸਤਾ) ਸਮਝਦਾ ਹੈ।
509	11	ਹਰਿ ਗੁਣ ਸਦ ਹੀ ਆਖਿ ਵਖਾਣੈ॥	(ਵਖਾਣੈ) ਕਥਨ ਕਰਦੇ ਹਨ। ਸਦ: ਪੋਲਾ ਬੋਲੋ	Har Gun Sadh Hee Aakh Vakhaanai ||	They continually chant and repeat the Lord's Praises.	ਉਹ ਮਨੁੱਖ, ਹੇ ਹਰੀ! ਸਦਾ ਤੇਰੇ ਗੁਣ ਗਾਂਦਾ ਹੈ, ਅਤੇ (ਹੋਰਨਾਂ ਨੂੰ) ਉਚਾਰ ਉਚਾਰ ਕੇ ਸੁਣਾਂਦਾ ਹੈ।
510	11	ਜਿਨਿ ਹਰਿ ਸੇਵਿਆ ਤਿਨਿ ਸੁਖੁ ਪਾਇਆ॥		Jin Har Saeviaa Thin Sukh Paaeiaa ||	Those who serve You find peace.	(ਹੇ ਭਾਈ!) ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਸ ਨੇ ਸੁਖ ਹਾਸਲ ਕੀਤਾ ਹੈ।
511	11	ਸਹਜੇ ਹੀ ਹਰਿ ਨਾਮਿ ਸਮਾਇਆ॥੩॥	ਸਹ-ਜੇ: ਸਹ ਮੁਕਤੇ ਬੋਲੋ	Sehajae Hee Har Naam Samaaeiaa ||3||	They are intuitively absorbed into the Lord's Name. ||3||	ਉਹ ਮਨੁੱਖ ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹਿ ਕੇ ਪ੍ਰਭੂ ਦੇ ਨਾਮ ਵਿਚ ਲੀਨ ਹੋ ਜਾਂਦਾ ਹੈ ॥੩॥
512	12	ਤੂ ਆਪੇ ਕਰਤਾ ਤੇਰਾ ਕੀਆ ਸਭੁ ਹੋਇ॥		Thoo Aapae Karathaa Thaeraa Keeaa Sabh Hoe ||	You Yourself are the Creator. Everything that happens is by Your Doing.	(ਹੇ ਪ੍ਰਭੂ!) ਤੂੰ ਆਪ ਹੀ ਸਭ ਕੁਝ ਪੈਦਾ ਕਰਨ ਵਾਲਾ ਹੈਂ, ਸਭ ਕੁਝ ਤੇਰਾ ਕੀਤਾ ਹੀ ਹੁੰਦਾ ਹੈ।
513	12	ਤੁਧੁ ਬਿਨੁ ਦੂਜਾ ਅਵਰੁ ਨ ਕੋਇ॥	(ਅਵਰੁ) ਹੋਰ	Thudhh Bin Dhoojaa Avar N Koe ||	There is no one except You.	ਤੈਥੋਂ ਬਿਨਾ (ਤੇਰੇ ਵਰਗਾ) ਹੋਰ ਕੋਈ ਨਹੀਂ ਹੈ।

514	12	ਤੂ ਕਰਿ ਕਰਿ ਵੇਖਹਿ ਜਾਣਹਿ ਸੋਇ॥	(ਸੋਇ) ਸਾਰ, ਖਬਰ	Thoo Kar Kar Vaekhehi Jaanehi Soe ||	You created the creation; You behold it and understand it.	ਜੀਵ ਪੈਦਾ ਕਰ ਕੇ ਉਹਨਾਂ ਦੀ ਸੰਭਾਲ ਭੀ ਤੂੰ ਆਪ ਹੀ ਕਰਦਾ ਹੈਂ, ਤੇ, ਹਰੇਕ (ਦੇ ਦਿਲ) ਦੀ ਸਾਰ ਜਾਣਦਾ ਹੈਂ।
515	12	ਜਨ ਨਾਨਕ ਗੁਰਮੁਖਿ ਪਰਗਟੁ ਹੋਇ॥੪॥੨॥	ਜਨ: ਜਨ ਜਿੱਥੇ ਵੀ ਆਵੇ ਪੋਲਾ ਬੋਲੋ	Jan Naanak Guramukh Paragatt Hoe ||4||2||	O servant Nanak, the Lord is revealed through the Gurmukh, the Living Expression of the Guru's Word. ||4||2||	ਹੇ ਦਾਸ ਨਾਨਕ! ਜੋ ਮਨੁੱਖ ਗੁਰੂ ਦੀ ਸ਼ਰਨ ਪੈਂਦਾ ਹੈ ਉਸ ਦੇ ਅੰਦਰ ਪਰਮਾਤਮਾ ਪਰਗਟ ਹੋ ਜਾਂਦਾ ਹੈ ॥੪॥੨॥{11-12}
516	12	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
517	12	ਤਿਤੁ ਸਰਵਰੜੈ ਭਈਲੇ ਨਿਵਾਸਾ ਪਾਣੀ ਪਾਵਕੁ ਤਿਨਹਿ ਕੀਆ॥	(ਸਰ-ਵਰੜੈ) ਸ੍ਰੋਵਰ। (ਭਈ-ਲੇ)ਹੋਇਆ ਹੈ। ਤਿਤੁ: ਦਰਮਿਆਨਾ ਬੋਲੋ।	Thith Saravararrai Bheelae Nivaasaa Paanee Paavak Thinehi Keeaa ||	In that pool, people have made their homes, but the water there is as hot as fire!	(ਹੇ ਭਾਈ! ਸਾਡੀ ਜੀਵਾਂ ਦੀ) ਉਸ ਭਿਆਨਕ (ਸੰਸਾਰ-) ਸਰੋਵਰ ਵਿਚ ਵੱਸੋਂ ਹੈ (ਜਿਸ ਵਿਚ) ਉਸ ਪ੍ਰਭੂ ਨੇ ਆਪ ਹੀ ਪਾਣੀ (ਦੇ ਥਾਂ ਤ੍ਰਿਸ਼ਨਾ ਦੀ) ਅੱਗ ਪੈਦਾ ਕੀਤੀ ਹੋਈ ਹੈ।

518	12	ਪੰਕ ਜੁ ਮੋਹ ਪਗੁ ਨਹੀ ਚਾਲੈ ਹਮ ਦੇਖਾ ਤਹ ਡੂਬੀਅਲੇ॥੧॥	(ਪੰਕ) ਚਿੱਕੜ)। (ਜੁ) ਜੋ। (ਪਗੁ) ਪੈਰ। (ਤਹ) ਤਿੱਥੇ। ਪਗੁ:ਪੋਲਾ ਬੋਲੋ	Pankaj Moh Pag Nehee Chaalai Ham Dhaekhaa Theh Ddoobeealae ||1||	In the swamp of emotional attachment, their feet cannot move. I have seen them drowning there. ||1||	(ਅਤੇ ਉਸ ਭਿਆਨਕ ਸਰੀਰ ਵਿਚ) ਜੋ ਮੋਹ ਦਾ ਚਿੱਕੜ ਹੈ (ਉਸ ਵਿਚ ਜੀਵਾਂ ਦਾ) ਪੈਰ ਚੱਲ ਨਹੀਂ ਸਕਦਾ (ਜੀਵ ਮੋਹ ਦੇ ਚਿੱਕੜ ਵਿਚ ਫਸੇ ਪਏ ਹਨ)। ਸਾਡੇ ਸਾਹਮਣੇ ਹੀ (ਅਨੇਕਾਂ ਜੀਵ ਮੋਹ ਦੇ ਚਿੱਕੜ ਵਿਚ ਫਸ ਕੇ) ਉਸ (ਤ੍ਰਿਸ਼ਨਾ-ਅੱਗ ਦੇ ਅਸਗਾਹ ਸਮੁੰਦਰ) ਵਿਚ ਡੁੱਬਦੇ ਜਾ ਰਹੇ ਹਨ ॥੧॥
519	12	ਮਨ ਏਕੁ ਨ ਚੇਤਸਿ ਮੂੜ ਮਨਾ॥	(ਮੂੜ)ਮੂਰਖ	Man Eaek N Chaethas Moorr Manaa ||	In your mind, you do not remember the One Lord-you fool!	ਹੇ ਮਨ! ਹੇ ਮੂਰਖ ਮਨ! ਤੂੰ ਇੱਕ ਪਰਮਾਤਮਾ ਨੂੰ ਯਾਦ ਨਹੀਂ ਕਰਦਾ।
520	12	ਹਰਿ ਬਿਸਰਤ ਤੇਰੇ ਗੁਣ ਗਲਿਆ॥੧॥ਰਹਾਉ ॥		Har Bisarath Thaerae Gun Galiaa ||1|| Rehaao ||	You have forgotten the Lord; your virtues shall wither away. ||1||Pause||	ਤੂੰ ਜਿਉਂ ਜਿਉਂ ਪਰਮਾਤਮਾ ਨੂੰ ਵਿਸਾਰਦਾ ਜਾ ਰਿਹਾ ਹੈਂ, ਤੇਰੇ (ਅੰਦਰੋਂ) ਗੁਣ ਘਟਦੇ ਜਾ ਰਹੇ ਹਨ ॥੧॥ ਰਹਾਉ ॥

521	12	ਨਾ ਹਉ ਜਤੀ ਸਤੀ ਨਹੀ ਪੜਿਆ ਮੂਰਖ ਮੁਗਧਾ ਜਨਮੁ ਭਇਆ॥		Naa Ho Jathee Sathee Nehee Parriaa Moorakh Mugadhhaa Janam Bhaeiaa ||	I am not celibate, nor truthful, nor scholarly. I was born foolish and ignorant into this world.	(ਹੇ ਪ੍ਰਭੂ!) ਨਾਹ ਮੈਂ ਜਤੀ ਹਾਂ, ਨਾਹ ਮੈਂ ਸਤੀ ਹਾਂ, ਨਾਹ ਹੀ ਮੈਂ ਪੜ੍ਹਿਆ ਹੋਇਆ ਹਾਂ, ਮੇਰਾ ਜੀਵਨ ਤਾਂ ਮੂਰਖ ਬੇਸਮਝਾਂ ਵਾਲਾ ਬਣਿਆ ਹੋਇਆ ਹੈ (ਭਾਵ, ਜਤ, ਸਤ ਅਤੇ ਵਿੱਦਿਆ ਇਸ ਤ੍ਰਿਸ਼ਨਾ ਦੀ ਅੱਗ ਅਤੇ ਮੋਹ ਦੇ ਚਿੱਕੜ ਵਿਚ ਡਿਗਣੋਂ ਬਚਾ ਨਹੀਂ ਸਕਦੇ। ਜੇ ਮਨੁੱਖ ਪ੍ਰਭੂ ਨੂੰ ਭੁਲਾ ਦੇਵੇ, ਤਾਂ ਜਤ ਸਤ ਵਿੱਦਿਆ ਦੇ ਹੁੰਦਿਆਂ ਭੀ ਮਨੁੱਖ ਦੀ ਜ਼ਿੰਦਗੀ ਮਹਾਂ ਮੂਰਖਾਂ ਵਾਲੀ ਹੁੰਦੀ ਹੈ)।
522	12	ਪ੍ਰਣਵਤਿ ਨਾਨਕ ਤਿਨ ਕੀ ਸਰਣਾ ਜਿਨ ਤੂੰ ਨਾਹੀ ਵੀਸਰਿਆ॥੨॥੩॥		Pranavath Naanak Thin Kee Saranaa Jin Thoo Naahee Veesariaa ||2||3||	Prays Nanak, I seek the Sanctuary of those who have not forgotten You, O Lord! ||2||3||	ਸੋ, ਨਾਨਕ ਬੇਨਤੀ ਕਰਦਾ ਹੈ (ਹੇ ਪ੍ਰਭੂ! ਮੈਨੂੰ) ਉਹਨਾਂ (ਗੁਰਮੁਖਾਂ) ਦੀ ਸਰਨ ਵਿਚ (ਰੱਖ), ਜਿਨ੍ਹਾਂ ਨੂੰ ਤੂੰ ਨਹੀਂ ਭੁੱਲਿਆ (ਜਿਨ੍ਹਾਂ ਨੂੰ ਤੇਰੀ ਯਾਦ ਨਹੀਂ ਭੁੱਲੀ) ॥੨॥੩॥
523	12	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
524	12	ਭਈ ਪਰਾਪਤਿ ਮਾਨੁਖ ਦੇਹੁਰੀਆ॥	(ਦੇਹੁਰੀਆ) ਦੇਹ	Bhee Paraapath Maanukh Dhaehureeaa ||	This human body has been given to you.	(ਹੇ ਭਾਈ!) ਤੈਨੂੰ ਸੋਹਣਾ ਮਨੁੱਖਾ ਸਰੀਰ ਮਿਲਿਆ ਹੈ।

525	12	ਗੋਬਿੰਦ ਮਿਲਣ ਕੀ ਇਹ ਤੇਰੀ ਬਰੀਆ॥		Gobindh Milan Kee Eih Thaeree Bareeaa ||	This is your chance to meet the Lord of the Universe.	ਪਰਮਾਤਮਾ ਨੂੰ ਮਿਲਣ ਦਾ ਤੇਰੇ ਲਈ ਇਹੀ ਮੌਕਾ ਹੈ।
526	12	ਅਵਰਿ ਕਾਜ ਤੇਰੈ ਕਿਤੈ ਨ ਕਾਮ॥		Avar Kaaj Thaerai Kithai N Kaam ||	Nothing else will work.	(ਜੇ ਪ੍ਰਭੂ ਨੂੰ ਮਿਲਣ ਲਈ ਕੋਈ ਉੱਦਮ ਨਾਹ ਕੀਤਾ, ਤਾਂ) ਹੋਰ ਸਾਰੇ ਕੰਮ ਤੇਰੇ ਆਪਣੇ ਕਿਸੇ ਭੀ ਅਰਥ ਨਹੀਂ (ਤੇਰੀ ਜਿੰਦ ਨੂੰ ਕੋਈ ਲਾਭ ਨਹੀਂ ਅਪੜਾਣਗੇ)।
527	12	ਮਿਲੁ ਸਾਧਸੰਗਤਿ ਭਜੁ ਕੇਵਲ ਨਾਮ॥੧॥		Mil Saadhhasangath Bhaj Kaeval Naam ||1||	Join the Saadh Sangat, the Company of the Holy; vibrate and meditate on the Jewel of the Naam. ||1||	(ਇਸ ਵਾਸਤੇ) ਸਾਧ ਸੰਗਤਿ ਵਿਚ (ਭੀ) ਮਿਲ ਬੈਠਿਆ ਕਰ (ਸਾਧ ਸੰਗਤਿ ਵਿਚ ਬੈਠ ਕੇ ਭੀ) ਸਿਰਫ਼ ਪਰਮਾਤਮਾ ਦਾ ਨਾਮ ਸਿਮਰਿਆ ਕਰ (ਸਾਧ ਸੰਗਤਿ ਵਿਚ ਬੈਠਣ ਦਾ ਭੀ ਤਦੋਂ ਹੀ ਲਾਭ ਹੈ, ਜੇ ਉਥੇ ਤੂੰ ਪਰਮਾਤਮਾ ਦੀ ਸਿਫ਼ਤਿ-ਸਲਾਹ ਵਿਚ ਜੁੜੇਂ) ॥੧॥
528	12	ਸਰੰਜਾਮਿ ਲਾਗੁ ਭਵਜਲ ਤਰਨ ਕੈ॥	(ਸਰੰਜਾਮਿ) ਉੱਦਮ ਚ। (ਭਵਜਲ) ਸੰਸਾਰ ਸਮੁੰਦਰ	Saranjaam Laag Bhavajal Tharan Kai ||	Make every effort to cross over this terrifying world-ocean.	(ਹੇ ਭਾਈ!) ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਦੇ (ਭੀ) ਆਹਰੇ ਲੱਗ।
529	12	ਜਨਮੁ ਬ੍ਰਿਥਾ ਜਾਤ ਰੰਗਿ ਮਾਇਆ ਕੈ॥੧॥ਰਹਾਉ॥	(ਬ੍ਰਿਥਾ) ਵਿਅਰਥ। ਬ੍ਰਿਥਾ: ਬੱਬਾ ਮੁਕਤਾ ਅੱਧੇ ਰਾਰੇ ਨੂੰ ਸਿਹਾਰੀ ਬ੍ਰਿਥਾ ਬੋਲੋ	Janam Brithhaa Jaath Rang Maaeiaa Kai ||1|| Rehaao ||	You are squandering this life uselessly in the love of Maya. ||1||Pause||	(ਨਹੀਂ ਤਾਂ ਨਿਰੇ) ਮਾਇਆ ਦੇ ਪਿਆਰ ਵਿਚ ਮਨੁੱਖਾ ਜਨਮ ਵਿਅਰਥ ਜਾ ਰਿਹਾ ਹੈ ॥੧॥ ਰਹਾਉ ॥

530	12	ਜਪੁ ਤਪੁ ਸੰਜਮੁ ਧਰਮੁ ਨ ਕਮਾਇਆ॥		Jap Thap Sanjam Dhharam N Kamaaeiaa ||	I have not practiced meditation, self-discipline, self-restraint or righteous living.	(ਹੇ ਭਾਈ!) ਤੂੰ ਪ੍ਰਭੂ ਦਾ ਸਿਮਰਨ ਨਹੀਂ ਕਰਦਾ, (ਪ੍ਰਭੂ ਨੂੰ ਮਿਲਣ ਲਈ ਸੇਵਾ ਆਦਿਕ ਦਾ ਕੋਈ) ਉੱਦਮ ਨਹੀਂ ਕਰਦਾ, ਮਨ ਨੂੰ ਵਿਕਾਰਾਂ ਵਲੋਂ ਰੋਕਣ ਦਾ ਤੂੰ ਜਤਨ ਨਹੀਂ ਕਰਦਾ-ਤੂੰ (ਅਜੇਹਾ ਕੋਈ) ਧਰਮ ਨਹੀਂ ਕਮਾਂਦਾ।
531	12	ਸੇਵਾ ਸਾਧ ਨ ਜਾਨਿਆ ਹਰਿ ਰਾਇਆ॥	ਨ: ਦੇਲ੍ਹੀ ਦੀਵਾ ਹੈ, ਅਗਲੇ ਪਿਛਲੇ ਅੱਖਰਾਂ ਨਾਲ ਲਗ ਕੇ ਅਰਥ ਜਣਾਉਂਦਾ ਹੈ	Saevaa Saadhh N Jaaniaa Har Raaeiaa ||	I have not served the Holy; I have not acknowledged the Lord, my King.	ਨਾਹ ਤੂੰ ਗੁਰੂ ਦੀ ਸੇਵਾ ਕੀਤੀ, ਨਾਹ ਤੂੰ ਮਾਲਕ ਪ੍ਰਭੂ ਦਾ ਨਾਮ ਸਿਮਰਨ ਕੀਤਾ।
532	12	ਕਹੁ ਨਾਨਕ ਹਮ ਨੀਚ ਕਰੰਮਾ॥	(ਨੀਚ ਕਰੰਮਾ) ਮੰਦ ਕਰਮੀ	Kahu Naanak Ham Neech Karanmaa ||	Says Nanak, my actions are contemptible!	(ਪ੍ਰਭੂ ਦੇ ਦਰ ਤੇ ਅਰਦਾਸ ਕਰਦਾ ਹੋਇਆ) ਨਾਨਕ ਆਖਦਾ ਹੈ (ਹੇ ਪ੍ਰਭੂ!) ਅਸੀਂ ਜੀਵ ਮੰਦ-ਕਰਮੀ ਹਾਂ (ਤੇਰੀ ਸਰਨ ਪਏ ਹਾਂ),
533	12	ਸਰਣਿ ਪਰੇ ਕੀ ਰਾਖਹੁ ਸਰਮਾ॥੨॥੪॥	(ਸਰਮਾ) ਲਾਜ	Saran Parae Kee Raakhahu Saramaa ||2||4||	O Lord, I seek Your Sanctuary; please, preserve my honor! ||2||4||	ਸਰਨ ਪਿਆਂ ਦੀ ਲਾਜ ਰੱਖ ॥੨॥੪॥
534	12	ਸੋਹਿਲਾ ਰਾਗੁ ਗਉੜੀ ਦੀਪਕੀ ਮਹਲਾ ੧	(ਸੋਹਿਲਾ) ਵਾਹਿਗੁਰੂ ਜੀ ਦਾ ਜਸ।	Sohilaa Raag Gourree Dheepakee Mehalaa 1	Sohilaa ~ The Song Of Praise. Raag Gauree Deepakee, First Mehl:	ਰਾਗ ਗਉੜੀ-ਦੀਪਕੀ ਵਿੱਚ ਗੁਰੂ ਨਾਨਕ ਜੀ ਦੀ ਬਾਣੀ 'ਸੋਹਿਲਾ'।

535	12	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
536	12	ਜੈ ਘਰਿ ਕੀਰਤਿ ਆਖੀਐ ਕਰਤੇ ਕਾ ਹੋਇ ਬੀਚਾਰੋ॥	(ਜੈ) ਜਿਸ	Jai Ghar Keerath Aakheeai Karathae Kaa Hoe Beechaaro ||	In that house where the Praises of the Creator are chanted and contemplated	ਜਿਸ (ਸਤਸੰਗ-) ਘਰ ਵਿਚ (ਪਰਮਾਤਮਾ ਦੀ) ਸਿਫ਼ਤ-ਸਾਲਾਹ ਕੀਤੀ ਜਾਂਦੀ ਹੈ ਅਤੇ ਕਰਤਾਰ ਦੇ ਗੁਣਾਂ ਦੀ ਵਿਚਾਰ ਹੁੰਦੀ ਹੈ,
537	12	ਤਿਤੁ ਘਰਿ ਗਾਵਹੁ ਸੋਹਿਲਾ ਸਿਵਰਿਹੁ ਸਿਰਜਣਹਾਰੋ॥੧॥	(ਸੋਹਿਲਾ) ਜਸ। (ਸਿਵਰਿਹੁ) ਸਿਮਰਨਾ ਕਰੋ। (ਸਿਰਜਣਹਾਰੋ) ਰਚਨਵਾਲੇ।ਗਾ-ਵਹੁ, ਸਿਵ-ਰਿਹੁ: ਰਾਰੇ ਸਿਹਾਰੀ, ਹਾਹਿਆਂ ਔਂਕੜ ਲੰਬੇ ਨਹੀਂ ਬੋਲਣੇ	Thith Ghar Gaavahu Sohilaa Sivarihu Sirajanehaaro ||1||	-in that house, sing Songs of Praise; meditate and remember the Creator Lord. ||1||	(ਹੇ ਜਿੰਦ-ਕੁੜੀਏ!) ਉਸ (ਸਤਸੰਗ-) ਘਰ ਵਿਚ (ਜਾ ਕੇ ਤੂੰ ਭੀ) ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਗੀਤ (ਸੁਹਾਗ-ਮਿਲਾਪ ਦੀ ਤਾਂਘ ਦੇ ਸ਼ਬਦ) ਗਾਇਆ ਕਰ ਅਤੇ ਆਪਣੇ ਪੈਦਾ ਕਰਨ ਵਾਲੇ ਪ੍ਰਭੂ ਨੂੰ ਯਾਦ ਕਰਿਆ ਕਰ ॥੧॥
538	12	ਤੁਮ ਗਾਵਹੁ ਮੇਰੇ ਨਿਰਭਉ ਕਾ ਸੋਹਿਲਾ॥		Thum Gaavahu Maerae Nirabho Kaa Sohilaa ||	Sing the Songs of Praise of my Fearless Lord.	(ਹੇ ਜਿੰਦੇ!) ਤੂੰ (ਸਤਸੰਗੀਆਂ ਨਾਲ ਮਿਲ ਕੇ) ਪਿਆਰੇ ਨਿਰਭਉ (ਖਸਮ) ਦੀ ਸਿਫ਼ਤਿ ਦੇ ਗੀਤ ਗਾ (ਅਤੇ ਆਖ)
539	12	ਹਉ ਵਾਰੀ ਜਿਤੁ ਸੋਹਿਲੈ ਸਦਾ ਸੁਖੁ ਹੋਇ॥੧॥ਰਹਾਉ॥		Ho Vaaree Jith Sohilai Sadhaa Sukh Hoe ||1|| Rehaao ||	I am a sacrifice to that Song of Praise which brings eternal peace. ||1||Pause||	ਮੈਂ ਸਦਕੇ ਹਾਂ ਉਸ ਸਿਫ਼ਤਿ-ਦੇ-ਗੀਤ ਤੋਂ ਜਿਸ ਦੀ ਬਰਕਤਿ ਨਾਲ ਸਦਾ ਦਾ ਸੁਖ ਮਿਲਦਾ ਹੈ ॥੧॥ ਰਹਾਉ ॥

540	12	ਨਿਤ ਨਿਤ ਜੀਅੜੇ ਸਮਾਲੀਅਨਿ ਦੇਖੈਗਾ ਦੇਵਣਹਾਰੁ॥	ਨਿੱਤ। ਦੇਖੈ-ਗਾ।	Nith Nith Jeearrae Samaaleean Dhaekhaigaa Dhaevanehaar ||	Day after day, He cares for His beings; the Great Giver watches over all.	(ਹੇ ਜਿੰਦੇ! ਜਿਸ ਖਸਮ ਦੀ ਹਜ਼ੂਰੀ ਵਿਚ) ਸਦਾ ਹੀ ਜੀਵਾਂ ਦੀ ਸੰਭਾਲ ਹੋ ਰਹੀ ਹੈ, ਜੋ ਦਾਤਾਂ ਦੇਣ ਵਾਲਾ ਮਾਲਕ (ਹਰੇਕ ਜੀਵ ਦੀ) ਸੰਭਾਲ ਕਰਦਾ ਹੈ।
541	12	ਤੇਰੇ ਦਾਨੈ ਕੀਮਤਿ ਨਾ ਪਵੈ ਤਿਸੁ ਦਾਤੇ ਕਵਣੁ ਸੁਮਾਰੁ॥੨॥	(ਸੁਮਾਰੁ) ਅੰਦਾਜ਼ਾ	Thaerae Dhaanai Keemath Naa Pavai This Dhaathae Kavan Sumaar ||2||	Your Gifts cannot be appraised; how can anyone compare to the Giver? ||2||	(ਜਿਸ ਦਾਤਾਰ ਦੀਆਂ) ਦਾਤਾਂ ਦਾ ਮੁੱਲ (ਹੇ ਜਿੰਦੇ!) ਤੇਰੇ ਪਾਸੋਂ ਨਹੀਂ ਪੈ ਸਕਦਾ, ਉਸ ਦਾਤਾਰ ਦਾ ਭੀ ਕੀਹ ਅੰਦਾਜ਼ਾ (ਤੂੰ ਲਾ ਸਕਦੀ ਹੈਂ)? (ਉਹ ਦਾਤਾਰ-ਪ੍ਰਭੂ ਬਹੁਤ ਬੇਅੰਤ ਹੈ) ॥੨॥
542	12	ਸੰਬਤਿ ਸਾਹਾ ਲਿਖਿਆ ਮਿਲਿ ਕਰਿ ਪਾਵਹੁ ਤੇਲੁ॥	(ਸੰਬਤਿ) ਸਾਲ। (ਸਾਹਾ) ਵਿਆਹ ਦਾ ਦਿਨ	Sanbath Saahaa Likhiaa Mil Kar Paavahu Thael ||	The day of my wedding is pre-ordained. Come, gather together and pour the oil over the threshold.	(ਸਤਸੰਗ ਵਿਚ ਜਾ ਕੇ, ਹੇ ਜਿੰਦੇ! ਅਰਜ਼ੋਈਆਂ ਕਰਿਆ ਕਰ।) ਉਹ ਸੰਮਤ ਉਹ ਦਿਹਾੜਾ (ਪਹਿਲਾਂ ਹੀ) ਮਿਥਿਆ ਹੋਇਆ ਹੈ (ਜਦੋਂ ਪਤੀ ਦੇ ਦੇਸ ਜਾਣ ਲਈ ਮੇਰੇ ਵਾਸਤੇ ਸਾਹੇ-ਚਿੱਠੀ ਆਉਣੀ ਹੈ।
543	12	ਦੇਹੁ ਸਜਣ ਅਸੀਸੜੀਆ ਜਿਉ ਹੋਵੈ ਸਾਹਿਬ ਸਿਉ ਮੇਲੁ॥੩॥	ਸੱਜਣ	Dhaehu Sajan Aseesarreeaa Jio Hovai Saahib Sio Mael ||3||	My friends, give me your blessings, that I may merge with my Lord and Master. ||3||	ਹੇ ਸਤਸੰਗੀ ਸਹੇਲੀਓ!) ਰਲ ਕੇ ਮੈਨੂੰ ਮਾਂਈਏਂ ਪਾਓ, ਤੇ, ਹੇ ਸੱਜਣ (ਸਹੇਲੀਓ!) ਮੈਨੂੰ ਸੋਹਣੀਆਂ ਅਸੀਸਾਂ ਭੀ ਦਿਓ (ਭਾਵ, ਮੇਰੇ ਲਈ ਅਰਦਾਸ ਭੀ ਕਰੋ) ਜਿਵੇਂ ਪ੍ਰਭੂ-ਪਤੀ ਨਾਲ ਮੇਰਾ ਮਿਲਾਪ ਹੋ ਜਾਏ ॥੩॥

544	12	ਘਰਿ ਘਰਿ ਏਹੁ ਪਾਹੁਚਾ ਸਦੜੇ ਨਿਤ ਪਵੰਨਿ॥	(ਸੱਦੜੇ) ਸੱਦੇ। (ਪਾ-ਹੁਚਾ) ਸੱਦਾ ਵਿਆਹ ਦਾ। ਨਿੱਤ	Ghar Ghar Eaeho Paahuchaa Sadharrae Nith Pavann ||	Unto each and every home, into each and every heart, this summons is sent out; the call comes each and every day.	(ਪਰਲੋਕ ਵਿਚ ਜਾਣ ਲਈ ਮੌਤ ਦੀ) ਇਹ ਸਾਹੇ-ਚਿੱਠੀ ਹਰੇਕ ਘਰ ਵਿਚ ਆ ਰਹੀ ਹੈ, ਇਹ ਸੱਦੇ ਨਿਤ ਪੈ ਰਹੇ ਹਨ।
545	12	ਸਦਣਹਾਰਾ ਸਿਮਰੀਐ ਨਾਨਕ ਸੇ ਦਿਹ ਆਵੰਨਿ॥੪॥੧॥	ਸੱਦਣਹਾਰਾ। ਦਿਹ: ਹਾਹਾ ਮੁਕਤਾ ਬੋਲੋ, ਦਿਹਿ ਨਹੀ	Sadhanehaaraa Simareeai Naanak Sae Dhih Aavann ||4||1||	Remember in meditation the One who summons us; O Nanak, that day is drawing near! ||4||1||	(ਹੇ ਸਤਸੰਗੀਓ!) ਉਸ ਸੱਦਾ ਭੇਜਣ ਵਾਲੇ ਪ੍ਰਭੂ-ਪਤੀ ਨੂੰ ਯਾਦ ਰੱਖਣਾ ਚਾਹੀਦਾ ਹੈ (ਕਿਉਂਕਿ) ਹੇ ਨਾਨਕ! (ਸਾਡੇ ਭੀ) ਉਹ ਦਿਨ (ਨੇੜੇ) ਆ ਰਹੇ ਹਨ ॥੪॥੧॥
546	12	ਰਾਗੁ ਆਸਾ ਮਹਲਾ ੧॥		Raag Aasaa Mehalaa 1 ||	Raag Aasaa, First Mehl:	ਰਾਗ ਆਸਾ ਵਿੱਚ ਗੁਰੂ ਨਾਨਕ ਜੀ ਦੀ ਬਾਣੀ।
547	12	ਛਿਅ ਘਰ ਛਿਅ ਗੁਰ ਛਿਅ ਉਪਦੇਸ॥	ਛਿਅ: ਛੇ ਨਹੀਂ ਕਹਿਣਾ, ਸਿਹਾਰੀ ਲਘੂ ਲਾ ਕੇ ਐੜਾ ਮੁਕਤਾ ਛਿ-ਅ। ਉਪਦੇਸ: ਸੱਸੇ ਪੈਰ ਬਿੰਦੀ ਨ ਬੋਲੋ	Shhia Ghar Shhia Gur Shhia Oupadhaes ||	There are six schools of philosophy, six teachers, and six sets of teachings.	(ਹੇ ਭਾਈ!) ਛੇ ਸ਼ਾਸਤਰ ਹਨ, ਛੇ ਹੀ (ਇਹਨਾਂ ਸ਼ਾਸਤਰਾਂ ਦੇ) ਚਲਾਣ ਵਾਲੇ ਹਨ, ਛੇ ਹੀ ਇਹਨਾਂ ਦੇ ਸਿੱਧਾਂਤ ਹਨ।
548	12	ਗੁਰੁ ਗੁਰੁ ਏਕੋ ਵੇਸ ਅਨੇਕ॥੧॥	(ਵੇਸ) ਰੂਪ, ਅਕਾਰ	Gur Gur Eaeko Vaes Anaek ||1||	But the Teacher of teachers is the One, who appears in so many forms. ||1||	ਪਰ ਇਹਨਾਂ ਸਾਰਿਆਂ ਦਾ ਮੂਲ-ਗੁਰੂ (ਪਰਮਾਤਮਾ) ਇੱਕ ਹੈ। (ਇਹ ਸਾਰੇ ਸਿਧਾਂਤ) ਉਸ ਇੱਕ ਪ੍ਰਭੂ ਦੇ ਹੀ ਅਨੇਕਾਂ ਵੇਸ ਹਨ (ਪ੍ਰਭੂ ਦੀ ਹਸਤੀ ਦੇ ਪਰਕਾਸ਼ ਦੇ ਰੂਪ ਹਨ) ॥੧॥

549	12	ਬਾਬਾ ਜੈ ਘਰਿ ਕਰਤੇ ਕੀਰਤਿ ਹੋਇ॥	(ਜੈ) ਜਿਸ (ਘਰਿ)ਸਤਸੰਗਤਿ। (ਕੀਰਤਿ) ਕੀਰਤਨ ਭਗਤੀ	Baabaa Jai Ghar Karathae Keerath Hoe ||	O Baba: that system in which the Praises of the Creator are sung	ਹੇ ਭਾਈ! ਜਿਸ (ਸਤਸੰਗ-) ਘਰ ਵਿਚ ਕਰਤਾਰ ਦੀ ਸਿਫ਼ਤ-ਸਾਲਾਹ ਹੁੰਦੀ ਹੈ,
550	12	ਸੋ ਘਰੁ ਰਾਖੁ ਵਡਾਈ ਤੋਇ॥੧॥ਰਹਾਉ॥	(ਤੋਇ) ਆਪ ਜੀ ਦੀ	So Ghar Raakh Vaddaaee Thoe ||1|| Rehaao ||	-follow that system; in it rests true greatness. ||1||Pause||	ਉਸ ਘਰ ਨੂੰ ਸਾਂਭ ਰੱਖ (ਉਸ ਸਤਸੰਗ ਦਾ ਆਸਰਾ ਲਈ ਰੱਖ) ਇਸੇ ਵਿਚ ਤੇਰੀ ਭਲਾਈ ਹੈ ॥੧॥ ਰਹਾਉ ॥

551	12	ਵਿਸੁਏ ਚਸਿਆ ਘੜੀਆ ਪਹਰਾ ਥਿਤੀ ਵਾਰੀ ਮਾਹੁ ਹੋਆ॥	ਵਿਸੁਏ ਮਿਲਵਾਂ ਸੱਸੇ ਔਂਕੜ ਲਾਉਣਾ। ਥਿੱਤੀ। ਵਿਸੁਏ ਇੱਕ ਵਾਰੀ ਅੱਖ ਖੋਲ੍ਹਣ ਮੀਚਣੀ ਇੱਕ ਨਿਮਖ। ੧੫ ਨਿਮਖ ਇੱਕ ਵਿਸੁਆ, ਚਸਿਆ ੧੫ ਵਿਸੁਏ ਇੱਕ ਚਸਾ। ਘੜੀਆ ਤੀਹ ਚਸੇ ਇੱਕ ਪਲ, ੬੦ ਪਲ ਇੱਕ ਘੜੀ। ਪਹਰਾ ਸਾਢੇ ਸੱਤ ਘੜੀਆਂ ਇੱਕ ਪਹਿਰ। ਤਿੰਨ ਘੰਟੇ ਇੱਕ ਪਹਿਰ ਹੈ। ਥਿਤੀ ਸੱਠਾਂ ਘੜੀਆਂ ਜਾਂ ਅੱਠਾਂ ਪਹਿਰਾਂ ਦੀ ਇੱਕ ਥਿੱਤ। ਵਾਰੀ ਚਾਰ ਪਹਿਰਾਂ ਦਾ (ਵਾਰੀ)ਦਿਨ। ਮਾਹੁ ਤੀਹ ਦਿਨ ਮਹੀਨਾ। ਰੁਤਿ ਦੋ ਮਹੀਨਿਆਂ ਦੀ ਇੱਕ ਰੁੱਤ। ਛੇ ਰੁੱਤਾਂ ਦਾ ਸਾਲ। ਬਾਰਾਂ ਵਰ੍ਹਿਆਂ ਦਾ ਕੁੰਭ। (ਹੋਆ) ਹੋਇਆ	Visueae Chasiaa Gharreeaa Peharaa Thhithee Vaaree Maahu Hoaa ||	The seconds, minutes and hours, days, weeks and months,	ਜਿਵੇਂ ਵਿਸੁਏ, ਚਸੇ, ਘੜੀਆਂ, ਪਹਰ, ਥਿੱਤਾਂ, ਵਾਰ, ਮਹੀਨਾ (ਆਦਿਕ),
552	12	ਸੂਰਜੁ ਏਕੋ ਰੁਤਿ ਅਨੇਕ॥		Sooraj Eaeko Ruth Anaek ||	And the various seasons originate from the one sun;	ਅਤੇ ਹੋਰ ਅਨੇਕਾਂ ਰੁੱਤਾਂ ਹਨ, ਪਰ ਸੂਰਜ ਇਕੋ ਹੀ ਹੈ (ਜਿਸ ਦੇ ਇਹ ਸਾਰੇ ਵਖ ਵਖ ਰੂਪ ਹਨ),

553	13	ਨਾਨਕ ਕਰਤੇ ਕੇ ਕੇਤੇ ਵੇਸ॥੨॥੨॥	(ਵੇਸ) ਸਰੂਪ	Naanak Karathae Kae Kaethae Vaes ||2||2||	O Nanak, in just the same way, the many forms originate from the Creator. ||2||2||	ਤਿਵੇਂ, ਹੇ ਨਾਨਕ! ਕਰਤਾਰ ਦੇ (ਇਹ ਸਾਰੇ ਸਿਧਾਂਤ ਆਦਿਕ) ਅਨੇਕਾਂ ਸਰੂਪ ਹਨ ॥੨॥੨॥
554	13	ਰਾਗੁ ਧਨਾਸਰੀ ਮਹਲਾ ੧॥		Raag Dhhanaasaree Mehalaa 1 ||	Raag Dhanaasaree, First Mehl:	ਰਾਗ ਧਨਾਸਰੀ ਵਿੱਚ ਗੁਰੂ ਨਾਨਕ ਜੀ ਦੀ ਬਾਣੀ।
555	13	ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ॥	ਮੈ: ਬਿੰਦੀ ਨ ਲਾਉ। (ਗਗਨ) ਅਕਾਸ। (ਮੈ) ਰੂਪ	Gagan Mai Thhaal Rav Chandh Dheepak Banae Thaarikaa Manddal Janak Mothee ||	Upon that cosmic plate of the sky, the sun and the moon are the lamps. The stars and their orbs are the studded pearls.	ਸਾਰਾ ਆਕਾਸ਼ (ਮਾਨੋ) ਥਾਲ ਹੈ ਤੇ ਸੂਰਜ ਤੇ ਚੰਦ (ਉਸ ਥਾਲ ਵਿਚ) ਦੀਵੇ ਬਣੇ ਹੋਏ ਹਨ। ਤਾਰਿਆਂ ਦੇ ਸਮੂਹ, ਮਾਨੋ, (ਥਾਲ ਵਿਚ) ਮੋਤੀ ਰੱਖੇ ਹੋਏ ਹਨ।
556	13	ਧੂਪੁ ਮਲਆਨ ਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ॥੧॥	(ਮਲ-ਆਨ) ਮਲਿਆਗਰ ਪਰਬਤ। (ਲੋ) ਤੱਕ। (ਦੂਜਾ ਪਾਠ: ਮਲ ਆਨਲੋ)	Dhhoop Malaaanalo Pavan Chavaro Karae Sagal Banaraae Foolanth Jothee ||1||	The fragrance of sandalwood in the air is the temple incense, and the wind is the fan. All the plants of the world are the altar flowers in offering to You, O Luminous Lord. ||1||	ਮਲਯ ਪਰਬਤ ਵਲੋਂ ਆਉਣ ਵਾਲੀ ਹਵਾ, ਮਾਨੋ, ਧੂਪ (ਧੁਖ ਰਿਹਾ) ਹੈ, ਤੇ ਹਵਾ ਚੌਰ ਕਰ ਰਹੀ ਹੈ। ਸਾਰੀ ਬਨਸਪਤੀ ਜੋਤਿ-ਰੂਪ (ਪ੍ਰਭੂ ਦੀ ਆਰਤੀ) ਵਾਸਤੇ ਫੁੱਲ ਦੇ ਰਹੀ ਹੈ ॥੧॥
557	13	ਕੈਸੀ ਆਰਤੀ ਹੋਇ॥	ਕੈਸੀ: ਪੋਲਾ ਬੋਲੋ	Kaisee Aarathee Hoe ||	What a beautiful Aartee, lamp-lit worship service this is!	(ਕੁਦਰਤਿ ਵਿਚ) ਤੇਰੀ ਕੈਸੀ ਸੁੰਦਰ ਆਰਤੀ ਹੋ ਰਹੀ ਹੈ!

558	13	ਭਵ ਖੰਡਨਾ ਤੇਰੀ ਆਰਤੀ॥	(ਭਵ) ਡਰ	Bhav Khanddanaa Thaeree Aarathee ||	O Destroyer of Fear, this is Your Ceremony of Light.	ਹੇ ਜੀਵਾਂ ਦੇ ਜਨਮ ਮਰਨ ਨਾਸ ਕਰਨ ਵਾਲੇ! ਇਹ ਹੈ ਤੇਰੀ ਅਦਭੁਤ ਆਰਤੀ!
559	13	ਅਨਹਤਾ ਸਬਦ ਵਾਜੰਤ ਭੇਰੀ॥੧॥ਰਹਾਉ॥	(ਅਨਹਤਾ) ਨਾਸ ਰਹਿਤ। (ਭੇਰੀ) ਵਾਜੇ।ਅਨ-ਹਤਾ: ਪੋਲਾ ਬੋਲੋ, ਹਾਹੇ ਤੇ ਅਧਕ ਨ ਲਾਉ	Anehathaa Sabadh Vaajanth Bhaeree ||1|| Rehaao ||	The Unstruck Sound-current of the Shabad is the vibration of the temple drums. ||1||Pause||	(ਸਭ ਜੀਵਾਂ ਵਿਚ ਰੁਮਕ ਰਹੀ) ਇੱਕੋ ਜੀਵਨ-ਰੌ, ਮਾਨੋ, ਤੇਰੀ ਆਰਤੀ ਵਾਸਤੇ ਨਾਗਾਰੇ ਵੱਜ ਰਹੇ ਹਨ ॥੧॥ ਰਹਾਉ ॥
560	13	ਸਹਸ ਤਵ ਨੈਨ ਨਨ ਨੈਨ ਹਹਿ ਤੋਹਿ ਕਉ ਸਹਸ ਮੂਰਤਿ ਨਨਾ ਏਕ ਤੋਹੀ॥	(ਸਹਸ) ਹਜ਼ਾਰ।ਤੋਹੀ: ਹੋੜੇ ਤੇ ਔਂਕੜ ਦੇ ਵਿਚਕਾਰ ਦੀ ਅਵਾਜ਼ ਬੋਲਣੀ। ਸਹਸ: ਸੈਹਸ ਨਹੀਂ ਕਹਿਣਾ, ਸ-ਹ-ਸ ਤਿੰਨੇ ਮੁਕਤੇ ਬੋਲਣੇ। ਨਨ, ਨਨਾ: ਪੋਲੇ ਬੋਲੋ। (ਦੂਜਾ ਪਾਠ: ਨੈਨਨ ਨ ਨੈਨ)	Sehas Thav Nain Nan Nain Hehi Thohi Ko Sehas Moorath Nanaa Eaek Thuohee ||	You have thousands of eyes, and yet You have no eyes. You have thousands of forms, and yet You do not have even one.	(ਸਭ ਜੀਵਾਂ ਵਿਚ ਵਿਆਪਕ ਹੋਣ ਕਰਕੇ) ਹਜ਼ਾਰਾਂ ਤੇਰੀਆਂ ਅੱਖਾਂ ਹਨ (ਪਰ, ਨਿਰਾਕਾਰ ਹੋਣ ਕਰਕੇ, ਹੇ ਪ੍ਰਭੂ!) ਤੇਰੀਆਂ ਕੋਈ ਅੱਖਾਂ ਨਹੀਂ। ਹਜ਼ਾਰਾਂ ਤੇਰੀਆਂ ਸ਼ਕਲਾਂ ਹਨ, ਪਰ ਤੇਰੀ ਕੋਈ ਭੀ ਸ਼ਕਲ ਨਹੀਂ ਹੈ।

561	13	ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ॥੨॥	(ਪਦ) ਚਰਨ। (ਬਿਮਲ) ਉੱਜਲ। (ਗੰਧ) ਨਾਸਾਂ। (ਮੋਹੀ) ਮੋਹਿਤ। ਪਦ ਚਲਤ: ਪੋਲੇ ਬੋਲੋ	Sehas Padh Bimal Nan Eaek Padh Gandhh Bin Sehas Thav Gandhh Eiv Chalath Mohee ||2||	You have thousands of Lotus Feet, and yet You do not have even one foot. You have no nose, but you have thousands of noses. This Play of Yours entrances me. ||2||	ਹਜ਼ਾਰਾਂ ਤੇਰੇ ਸੋਹਣੇ ਪੈਰ ਹਨ, (ਪਰ ਨਿਰਾਕਾਰ ਹੋਣ ਕਰਕੇ) ਤੇਰਾ ਇੱਕ ਭੀ ਪੈਰ ਨਹੀਂ। ਹਜ਼ਾਰਾਂ ਤੇਰੇ ਨੱਕ ਹਨ, ਪਰ ਤੂੰ ਨੱਕ ਤੋਂ ਬਿਨਾ ਹੀ ਹੈਂ। ਤੇਰੇ ਅਜੇਹੇ ਕੌਤਕਾਂ ਨੇ ਮੈਨੂੰ ਹੈਰਾਨ ਕੀਤਾ ਹੋਇਆ ਹੈ ॥੨॥
562	13	ਸਭ ਮਹਿ ਜੋਤਿ ਜੋਤਿ ਹੈ ਸੋਇ॥		Sabh Mehi Joth Joth Hai Soe ||	Amongst all is the Light-You are that Light.	ਸਾਰੇ ਜੀਵਾਂ ਵਿਚ ਇਕੋ ਉਹੀ ਪਰਮਾਤਮਾ ਦੀ ਜੋਤੀ ਵਰਤ ਰਹੀ ਹੈ।
563	13	ਤਿਸ ਦੈ ਚਾਨਣਿ ਸਭ ਮਹਿ ਚਾਨਣੁ ਹੋਇ॥	ਪਹਿਲੇ ਚਾਨਣਿ ਣਾਣੇ ਸਿਹਾਰੀ ਦੂਜੇ ਚਾਨਣੁ ਣਾਣੇ ਔਂਕੜ ਲਾਉਣਾ।	This Dhai Chaanan Sabh Mehi Chaanan Hoe ||	By this Illumination, that Light is radiant within all.	ਉਸ ਜੋਤਿ ਦੇ ਪਰਕਾਸ਼ ਨਾਲ ਸਾਰੇ ਜੀਵਾਂ ਵਿਚ ਚਾਨਣ (ਸੂਝ-ਬੂਝ) ਹੈ।
564	13	ਗੁਰ ਸਾਖੀ ਜੋਤਿ ਪਰਗਟੁ ਹੋਇ॥	(ਸਾਖੀ) ਸਿੱਖਿਆ ਨਾਲ	Gur Saakhee Joth Paragatt Hoe ||	Through the Guru's Teachings, the Light shines forth.	ਪਰ ਇਸ ਜੋਤਿ ਦਾ ਗਿਆਨ ਗੁਰੂ ਦੀ ਸਿੱਖਿਆ ਨਾਲ ਹੀ ਹੁੰਦਾ ਹੈ। (ਗੁਰੂ ਰਾਹੀਂ ਇਹ ਸਮਝ ਪੈਂਦੀ ਹੈ ਕਿ ਹਰੇਕ ਦੇ ਅੰਦਰ ਪਰਮਾਤਮਾ ਦੀ ਜੋਤਿ ਹੈ)।
565	13	ਜੋ ਤਿਸੁ ਭਾਵੈ ਸੁ ਆਰਤੀ ਹੋਇ॥੩॥		Jo This Bhaavai S Aarathee Hoe ||3||	That which is pleasing to Him is the lamp-lit worship service. ||3||	(ਇਸ ਸਰਬ-ਵਿਆਪਕ ਜੋਤਿ ਦੀ) ਆਰਤੀ ਇਹ ਹੈ ਕਿ ਜੋ ਕੁਝ ਉਸ ਦੀ ਰਜ਼ਾ ਵਿਚ ਹੋ ਰਿਹਾ ਹੈ, ਉਹ ਜੀਵ ਨੂੰ ਚੰਗਾ ਲੱਗੇ (ਪ੍ਰਭੂ ਦੀ ਰਜ਼ਾ ਵਿਚ ਤੁਰਨਾ ਪ੍ਰਭੂ ਦੀ ਆਰਤੀ ਕਰਨੀ ਹੈ) ॥੩॥

566	13	ਹਰਿ ਚਰਣਕਵਲ ਮਕਰੰਦ ਲੋਭਿਤ ਮਨੋ ਅਨ ਦਿਨੋ ਮੋਹਿ ਆਹੀ ਪਿਆਸਾ॥	ਲੋਭਿਤ: ਭੱਭੇ ਸਿਹਾਰੀ ਲਾਉ। ਦਿਨੋ: ਹੋੜੇ ਤੇ ਔਂਕੜ ਦਾ ਵਿਚਕਾਰਲਾ ਮੇਲ ਬੋਲੋ। ਜਿੱਥੇ ਅੱਖਰ ਨੂੰ ਔਂਕੜ ਤੇ ਹੋੜਾ ਇਕੱਠੇ ਲੱਗੇ ਹੋਣ, ਉਸ ਦੀ ਅਵਾਜ਼ ਔਂਕੜ ਤੇ ਹੋੜੇ ਦੇ ਵਿਚਕਾਰ ਬੋਲੋ ਜੀ।	Har Charan Kaval Makarandh Lobhith Mano Anadhinuo Mohi Aahee Piaasaa ||	My mind is enticed by the honey-sweet Lotus Feet of the Lord. Day and night, I thirst for them.	ਹੇ ਹਰੀ! ਤੇਰੇ ਚਰਨ-ਰੂਪ ਕੌਲ-ਫੁੱਲਾਂ ਦੇ ਰਸ ਲਈ ਮੇਰਾ ਮਨ ਲਲਚਾਂਦਾ ਹੈ, ਹਰ ਰੋਜ਼ ਮੈਨੂੰ ਇਸੇ ਰਸ ਦੀ ਪਿਆਸ ਲੱਗੀ ਹੋਈ ਹੈ।
567	13	ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾ ਤੇ ਤੇਰੈ ਨਾਇ ਵਾਸਾ॥੪॥੩॥	(ਸਾਰਿੰਗ) ਪਪੀਹਾ	Kirapaa Jal Dhaehi Naanak Saaring Ko Hoe Jaa Thae Thaerai Naae Vaasaa ||4||3||	Bestow the Water of Your Mercy upon Nanak, the thirsty song-bird, so that he may come to dwell in Your Name. ||4||3||	ਮੈਨੂੰ ਨਾਨਕ ਪਪੀਹੇ ਨੂੰ ਆਪਣੀ ਮਿਹਰ ਦਾ ਜਲ ਦੇਹ, ਜਿਸ (ਦੀ ਬਰਕਤਿ) ਨਾਲ ਮੈਂ ਤੇਰੇ ਨਾਮ ਵਿਚ ਟਿਕਿਆ ਰਹਾਂ ॥੪॥੩॥
568	13	ਰਾਗੁ ਗਉੜੀ ਪੂਰਬੀ ਮਹਲਾ ੪॥	ਰਾਗੁ: ਗੱਗਾ ਔਂਕੜ ਸਹਿਤ ਪੂਰਾ ਬੋਲ ਕੇ ਫਿਰ ਗਉੜੀ ਬੋਲੋ। ਦੋ ਅੱਖਰ ਇਕੱਠੇ ਹੋਣ, ਉੱਥੇ ਖਿਆਲ ਨਾਲ ਉਚਾਰੋ। ਛੇਤੀ ਬੋਲਣ ਨਾਲ ਇੱਕ ਅੱਖਰ ਰਹਿ ਜਾਂਦਾ ਹੈ।	Raag Gourree Poorabee Mehalaa 4 ||	Raag Gauree Poorbee, Fourth Mehl:	

569	13	ਕਾਮਿ ਕਰੋਧਿ ਨਗਰੁ ਬਹੁ ਭਰਿਆ ਮਿਲਿ ਸਾਧੂ ਖੰਡਲ ਖੰਡਾ ਹੇ॥	(ਖੰਡਲ) ਸਮੂਹ ਨੂੰ (ਖੰਡਾ) ਟੁਕੜੇ ਟੁਕੜੇ ਕੀਤਾ। ਨੱਗਰ	Kaam Karodhh Nagar Bahu Bhariaa Mil Saadhhoo Khanddal Khanddaa Hae ||	The body-village is filled to overflowing with anger and sexual desire; these were broken into bits when I met with the Holy Saint.	(ਮਨੁੱਖ ਦਾ ਇਹ ਸਰੀਰ-) ਸ਼ਹਰ ਕਾਮ ਅਤੇ ਕ੍ਰੋਧ ਨਾਲ ਭਰਿਆ ਰਹਿੰਦਾ ਹੈ। ਗੁਰੂ ਨੂੰ ਮਿਲ ਕੇ ਹੀ (ਕਾਮ ਕ੍ਰੋਧ ਆਦਿਕ ਦੇ ਇਸ ਜੋੜ ਨੂੰ) ਤੋੜਿਆ ਜਾ ਸਕਦਾ ਹੈ।
570	13	ਪੂਰਬਿ ਲਿਖਤ ਲਿਖੇ ਗੁਰੁ ਪਾਇਆ ਮਨਿ ਹਰਿ ਲਿਵ ਮੰਡਲ ਮੰਡਾ ਹੇ॥੧॥	(ਪੂਰਬਿ) ਪਹਿਲੇ। (ਮੰਡਲ) ਘੇਰੇ ਵਿੱਚ (ਮੰਡਾ) ਇਸਥਿੱਤ ਕੀਤਾ (ਹੇ) ਹੈ	Poorab Likhath Likhae Gur Paaeiaa Man Har Liv Manddal Manddaa Hae ||1||	By pre-ordained destiny, I have met with the Guru. I have entered into the realm of the Lord's Love. ||1||	ਜਿਸ ਮਨੁੱਖ ਨੂੰ ਪੂਰਬਲੇ ਕੀਤੇ ਕਰਮਾਂ ਦੇ ਸੰਜੋਗਾਂ ਨਾਲ ਗੁਰੂ ਮਿਲ ਪੈਂਦਾ ਹੈ, ਉਸ ਦੇ ਮਨ ਵਿਚ ਪਰਮਾਤਮਾ ਨਾਲ ਲਿਵ ਲੱਗ ਜਾਂਦੀ ਹੈ (ਅਤੇ ਉਸ ਦੇ ਅੰਦਰੋਂ ਕਾਮਾਦਿਕਾਂ ਦਾ ਜੋੜ ਟੁੱਟ ਜਾਂਦਾ ਹੈ) ॥੧॥
571	13	ਕਰਿ ਸਾਧੂ ਅੰਜੁਲੀ ਪੁਨੁ ਵਡਾ ਹੇ॥	(ਅੰਜੁਲੀ) ਦੋਵੇਂ ਹੱਥ ਜੋੜ ਕੇ ਧਰਤੀ ਤੇ ਮੱਥਾ ਰੱਖ ਕੇ ਨਮਸਕਾਰ ਕਰਨ ਦਾ ਨਾਮ ਅੰਜੁਲੀ ਹੈ। ਪੁਨੁ: ਪੋਲਾ ਬੋਲੋ, ਟਿੱਪੀ ਨਹੀਂ ਲਾਉਣੀ	Kar Saadhhoo Anjulee Pun Vaddaa Hae ||	Greet the Holy Saint with your palms pressed together; this is an act of great merit.	(ਹੇ ਭਾਈ!) ਗੁਰੂ ਅੱਗੇ ਹੱਥ ਜੋੜ, ਇਹ ਬਹੁਤ ਭਲਾ ਕੰਮ ਹੈ।
572	13	ਕਰਿ ਡੰਡਉਤ ਪੁਨੁ ਵਡਾ ਹੇ॥੧॥ਰਹਾਉ॥		Kar Ddanddouth Pun Vaddaa Hae ||1|| Rehaao ||	Bow down before Him; this is a virtuous action indeed. ||1||Pause||	ਗੁਰੂ ਅੱਗੇ ਢਹਿ ਪਉ, ਇਹ ਬੜਾ ਨੇਕ ਕੰਮ ਹੈ ॥੧॥ ਰਹਾਉ ॥

573	13	ਸਾਕਤ ਹਰਿ ਰਸ ਸਾਦੁ ਨ ਜਾਣਿਆ ਤਿਨ ਅੰਤਰਿ ਹਉਮੈ ਕੰਡਾ ਹੇ॥		Saakath Har Ras Saadh N Jaaniaa Thin Anthar Houmai Kanddaa Hae ||	The wicked shaaktas, the faithless cynics, do not know the Taste of the Lord's Sublime Essence. The thorn of egotism is embedded deep within them.	ਜੇਹੜੇ ਮਨੁੱਖ ਪਰਮਾਤਮਾ ਨਾਲੋਂ ਟੁੱਟੇ ਹੋਏ ਹਨ, ਉਹ ਉਸ ਦੇ ਨਾਮ ਦੇ ਰਸ ਦੇ ਸੁਆਦ ਨੂੰ ਸਮਝ ਨਹੀਂ ਸਕਦੇ। ਉਹਨਾਂ ਦੇ ਮਨ ਵਿਚ ਅਹੰਕਾਰ ਦਾ (ਮਾਨੇ) ਕੰਡਾ ਚੁੱਭਾ ਹੋਇਆ ਹੈ।
574	13	ਜਿਉ ਜਿਉ ਚਲਹਿ ਚੁਭੈ ਦੁਖੁ ਪਾਵਹਿ ਜਮਕਾਲੁ ਸਹਹਿ ਸਿਰਿ ਡੰਡਾ ਹੇ॥੨॥	ਸਾਕਤ ਜਿਵੇਂ-ਜਿਵੇਂ ਹੰਗਤਾ ਦੇ ਕੁਮਾਰਗ ਚ (ਚਲਹਿ) ਚੱਲਦੇ ਹਨ, ਤਿਵੇਂ-ਤਿਵੇਂ ਉਨ੍ਹਾਂ ਦੇ ਅੰਦਰ ਹਉਮੈ ਕੰਡਾ ਚੁੱਭਦਾ ਹੈ, ਹਉਮੈ ਦਾ ਕੰਡਾ ਚੁੱਭਣੇ ਕਰਕੇ ਜੰਮਣ ਮਰਨ ਦਾ ਦੁੱਖ ਪਾਉਂਦੇ ਹਨ। ਸਹ-ਹਿ: ਪਹਿਲਾ ਹਾਹਾ ਮੁਕਤਾ ਬੋਲ ਕੇ, ਦੂਜੇ ਹਾਹੇ ਸਿਹਾਰੀ ਲਾਉ। ਚੱਲਹਿ, ਚੁਭੈ: ਪੋਲਾ ਬੋਲੋ	Jio Jio Chalehi Chubhai Dhukh Paavehi Jamakaal Sehehi Sir Ddanddaa Hae ||2||	The more they walk away, the deeper it pierces them, and the more they suffer in pain, until finally, the Messenger of Death smashes his club against their heads. ||2||	ਜਿਉਂ ਜਿਉਂ ਉਹ ਤੁਰਦੇ ਹਨ (ਜਿਉਂ ਜਿਉਂ ਉਹ ਹਉਮੈ ਦੇ ਸੁਭਾਵ ਵਾਲੀ ਵਰਤੋਂ ਵਰਤਦੇ ਹਨ, ਹਉਮੈ ਦਾ ਉਹ ਕੰਡਾ ਉਹਨਾਂ ਨੂੰ) ਚੁੱਭਦਾ ਹੈ, ਉਹ ਦੁੱਖ ਪਾਂਦੇ ਹਨ, ਅਤੇ ਆਪਣੇ ਸਿਰ ਉੱਤੇ ਆਤਮਕ ਮੌਤ-ਰੂਪ ਡੰਡਾ ਸਹਾਰਦੇ ਹਨ (ਆਤਮਕ ਮੌਤ ਉਹਨਾਂ ਦੇ ਸਿਰ ਉਤੇ ਸਵਾਰ ਰਹਿੰਦੀ ਹੈ) ॥੨॥

575	13	ਹਰਿ ਜਨ ਹਰਿ ਹਰਿ ਨਾਮਿ ਸਮਾਣੇ ਦੁਖੁ ਜਨਮ ਮਰਣ ਭਵ ਖੰਡਾ ਹੇ॥	(ਭਵ) ਸੰਸਾਰ। (ਖੰਡਾ) ਨਾਸ ਕੀਤਾ	Har Jan Har Har Naam Samaanae Dhukh Janam Maran Bhav Khanddaa Hae ||	The humble servants of the Lord are absorbed in the Name of the Lord, Har, Har. The pain of birth and the fear of death are eradicated.	(ਦੂਜੇ ਪਾਸੇ) ਪਰਮਾਤਮਾ ਦੇ ਪਿਆਰੇ ਬੰਦੇ ਪਰਮਾਤਮਾ ਦੇ ਨਾਮ ਵਿਚ ਜੁੜੇ ਰਹਿੰਦੇ ਹਨ। ਉਹਨਾਂ ਦਾ ਸੰਸਾਰ ਦਾ ਜੰਮਣ ਮਰਨ ਦਾ ਦੁੱਖ ਕੱਟਿਆ ਜਾਂਦਾ ਹੈ।
576	13	ਅਬਿਨਾਸੀ ਪੁਰਖੁ ਪਾਇਆ ਪਰਮੇਸਰੁ ਬਹੁ ਸੋਭ ਖੰਡ ਬ੍ਰਹਮੰਡਾ ਹੇ॥੩॥	(ਸੋਭ) ਸੋਭਾ	Abinaasee Purakh Paaeiaa Paramaesar Bahu Sobh Khandd Brehamanddaa Hae ||3||	They have found the Imperishable Supreme Being, the Transcendent Lord God, and they receive great honor throughout all the worlds and realms. ||3||	ਉਹਨਾਂ ਨੂੰ ਕਦੇ ਨਾਸ਼ ਨਾਹ ਹੋਣ ਵਾਲਾ ਸਰਬ-ਵਿਆਪਕ ਪਰਮੇਸਰ ਮਿਲ ਪੈਂਦਾ ਹੈ। ਉਹਨਾਂ ਦੀ ਸੋਭਾ ਸਾਰੇ ਖੰਡਾਂ ਬ੍ਰਹਮੰਡਾਂ ਵਿਚ ਹੋ ਜਾਂਦੀ ਹੈ ॥੩॥
577	13	ਹਮ ਗਰੀਬ ਮਸਕੀਨ ਪ੍ਰਭ ਤੇਰੇ ਹਰਿ ਰਾਖੁ ਰਾਖੁ ਵਡ ਵਡਾ ਹੇ॥	(ਮਸਕੀਨ) ਨਿਮਾਣੇ	Ham Gareeb Masakeen Prabh Thaerae Har Raakh Raakh Vadd Vaddaa Hae ||	I am poor and meek, God, but I belong to You! Save me-please save me, O Greatest of the Great!	ਹੇ ਪ੍ਰਭੂ! ਅਸੀਂ ਜੀਵ ਤੇਰੇ ਦਰ ਦੇ ਗਰੀਬ ਮੰਗਦੇ ਹਾਂ। ਤੂੰ ਸਭ ਤੋਂ ਵੱਡਾ ਸਹਾਈ ਹੈਂ। ਸਾਨੂੰ (ਇਹਨਾਂ ਕਾਮਾਦਿਕਾਂ ਤੋਂ) ਬਚਾ ਲੈ।

578	13	ਜਨ ਨਾਨਕ ਨਾਮੁ ਅਧਾਰੁ ਟੇਕ ਹੈ ਹਰਿ ਨਾਮੇ ਹੀ ਸੁਖੁ ਮੰਡਾ ਹੇ॥੪॥੪॥	(ਅਧਾਰੁ) ਆਸਰਾ। (ਟੇਕ) ਸਹਾਰਾ। (ਮੰਡਾ) ਮਿਲਿਆ	Jan Naanak Naam Adhhaar Ttaek Hai Har Naamae Hee Sukh Manddaa Hae ||4||4||	Servant Nanak takes the Sustenance and Support of the Naam. In the Name of the Lord, he enjoys celestial peace. ||4||4||	ਹੇ ਪ੍ਰਭੂ! ਤੇਰੇ ਦਾਸ ਨਾਨਕ ਨੂੰ ਤੇਰਾ ਨਾਮ ਹੀ ਆਸਰਾ ਹੈ, ਤੇਰਾ ਨਾਮ ਹੀ ਸਹਾਰਾ ਹੈ। ਤੇਰੇ ਨਾਮ ਵਿਚ ਜੁੜਿਆਂ ਹੀ ਸੁਖ ਮਿਲਦਾ ਹੈ ॥੪॥੪॥
579	13	ਰਾਗੁ ਗਉੜੀ ਪੂਰਬੀ ਮਹਲਾ ੫॥		Raag Gourree Poorabee Mehalaa 5 ||	Raag Gauree Poorbee, Fifth Mehl:	
580	13	ਕਰਉ ਬੇਨੰਤੀ ਸੁਣਹੁ ਮੇਰੇ ਮੀਤਾ ਸੰਤ ਟਹਲ ਕੀ ਬੇਲਾ॥	(ਬੇਲਾ) ਸਮਾਂ। ਬੇਲਾ: ਪੋਲਾ ਬੋਲੋ, ਦੱਬ ਕੇ ਬੋਲਿਆਂ ਅਰਥ ਜੰਗਲ ਬਣੇਗਾ	Karo Baenanthee Sunahu Maerae Meethaa Santh Ttehal Kee Baelaa ||	Listen, my friends, I beg of you: now is the time to serve the Saints!	ਹੇ ਮੇਰੇ ਮਿੱਤਰੋ! ਸੁਣੋ! ਮੈਂ ਬੇਨਤੀ ਕਰਦਾ ਹਾਂ-(ਹੁਣ) ਗੁਰਮੁਖਾਂ ਦੀ ਸੇਵਾ ਕਰਨ ਦਾ ਵੇਲਾ ਹੈ।
581	13	ਈਹਾ ਖਾਟਿ ਚਲਹੁ ਹਰਿ ਲਾਹਾ ਆਗੈ ਬਸਨੁ ਸੁਹੇਲਾ॥੧॥	(ਸੁਹੇਲਾ) ਸੁਖਦਾਇਕ। ਚੱਲਹੁ	Eehaa Khaatt Chalahu Har Laahaa Aagai Basan Suhaelaa ||1||	In this world, earn the profit of the Lord's Name, and hereafter, you shall dwell in peace. ||1||	(ਜੇ ਸੇਵਾ ਕਰੋਗੇ, ਤਾਂ) ਇਸ ਜਨਮ ਵਿਚ ਪ੍ਰਭੂ ਦੇ ਨਾਮ ਦੀ ਖੱਟੀ ਖੱਟ ਕੇ ਜਾਵੋਗੇ, ਅਤੇ ਪਰਲੋਕ ਵਿਚ ਰਹਿਣਾ ਸੌਖਾ ਹੋ ਜਾਇਗਾ ॥੧॥
582	13	ਅਉਧ ਘਟੈ ਦਿਨਸੁ ਰੈਣਾਰੇ॥	(ਅਉਧ) ਉਮਰ। (ਰੈਣਾਰੇ) ਰਾਤ	Aoudhh Ghattai Dhinas Rainaarae ||	This life is diminishing, day and night.	ਹੇ ਮਨ! ਦਿਨ ਰਾਤ (ਬੀਤ ਬੀਤ ਕੇ) ਉਮਰ ਘਟਦੀ ਜਾ ਰਹੀ ਹੈ।

583	13	ਮਨ ਗੁਰ ਮਿਲਿ ਕਾਜ ਸਵਾਰੇ॥੧॥ਰਹਾਉ॥		Man Gur Mil Kaaj Savaarae ||1|| Rehaao ||	Meeting with the Guru, your affairs shall be resolved. ||1||Pause||	ਹੇ (ਮੇਰੇ) ਮਨ! ਗੁਰੂ ਨੂੰ ਮਿਲ ਕੇ (ਮਨੁੱਖਾ ਜੀਵਨ ਦਾ) ਕੰਮ ਸਿਰੇ ਚਾੜ੍ਹ ॥੧॥ ਰਹਾਉ ॥
584	13	ਇਹੁ ਸੰਸਾਰੁ ਬਿਕਾਰੁ ਸੰਸੇ ਮਹਿ ਤਰਿਓ ਬ੍ਰਹਮਗਿਆਨੀ॥		Eihu Sansaar Bikaar Sansae Mehi Thariou Breham Giaanee ||	This world is engrossed in corruption and cynicism. Only those who know God are saved.	ਇਹ ਜਗਤ ਵਿਕਾਰਾਂ ਨਾਲ ਭਰਪੂਰ ਹੈ। (ਜਗਤ ਦੇ ਜੀਵ) ਤੌਖ਼ਲਿਆਂ ਵਿਚ (ਡੁੱਬ ਰਹੇ ਹਨ। ਇਹਨਾਂ ਵਿਚੋਂ) ਉਹੀ ਮਨੁੱਖ ਨਿਕਲਦਾ ਹੈ ਜਿਸ ਨੇ ਪਰਮਾਤਮਾ ਨਾਲ ਜਾਣ-ਪਛਾਣ ਪਾ ਲਈ ਹੈ।
585	13	ਜਿਸਹਿ ਜਗਾਇ ਪੀਆਵੈ ਇਹੁ ਰਸੁ ਅਕਥ ਕਥਾ ਤਿਨਿ ਜਾਨੀ॥੨॥	ਅ-ਕਥ: ਪੋਲਾ ਬੋਲੋ	Jisehi Jagaae Peeaavai Eihu Ras Akathh Kathhaa Thin Jaanee ||2||	Only those who are awakened by the Lord to drink in this Sublime Essence, come to know the Unspoken Speech of the Lord. ||2||	(ਵਿਕਾਰਾਂ ਵਿਚ ਸੁੱਤੇ ਹੋਏ) ਜਿਸ ਮਨੁੱਖ ਨੂੰ ਪ੍ਰਭੂ ਆਪ ਜਗਾ ਕੇ ਇਹ ਨਾਮ-ਅੰਮ੍ਰਿਤ ਪਿਲਾਂਦਾ ਹੈ, ਉਸ ਮਨੁੱਖ ਨੇ ਅਕੱਥ ਪ੍ਰਭੂ ਦੀਆਂ ਗੱਲਾਂ (ਬੇਅੰਤ ਗੁਣਾਂ ਵਾਲੇ ਪ੍ਰਭੂ ਦੀ ਸਿਫ਼ਤ-ਸਾਲਾਹ) ਕਰਨ ਦੀ ਜਾਚ ਸਿੱਖ ਲਈ ਹੈ ॥੨॥
586	13	ਜਾ ਕਉ ਆਏ ਸੋਈ ਬਿਹਾਝਹੁ ਹਰਿ ਗੁਰ ਤੇ ਮਨਹਿ ਬਸੇਰਾ॥	(ਬਿਹਾਝਹੁ) ਖ੍ਰੀਦੋ	Jaa Ko Aaeae Soee Bihaajhahu Har Gur Thae Manehi Basaeraa ||	Purchase only that for which you have come into the world, and through the Guru, the Lord shall dwell within your mind.	(ਹੇ ਭਾਈ!) ਜਿਸ ਕੰਮ ਵਾਸਤੇ (ਇੱਥੇ) ਆਏ ਹੋ, ਉਸ ਦਾ ਵਣਜ ਕਰੋ। ਉਹ ਹਰਿ-ਨਾਮ ਗੁਰੂ ਦੀ ਰਾਹੀਂ (ਹੀ) ਮਨ ਵਿਚ ਵੱਸ ਸਕਦਾ ਹੈ।

587	13	ਨਿਜ ਘਰਿ ਮਹਲੁ ਪਾਵਹੁ ਸੁਖ ਸਹਜੇ ਬਹੁਰਿ ਨ ਹੋਇਗੋ ਫੇਰਾ॥੩॥	(ਨਿੱਜ) ਆਪਣੇ ਰਿਦੇ ਰੂਪੀ ਘਰ ਚੋਂ ਹੀ (ਮਹਲੁ) ਨਿਰਗੁਨ ਬ੍ਰਹਮ ਮਹੱਲੁ ਪਾ ਲਵੋਂਗੇ। ਮਹ-ਲੁ: ਹਾਹੇ ਸਿਹਾਰੀ ਨਹੀਂ ਲਾਉਣੀ, ਮੁਕਤਾ ਬੋਲ ਕੇ, ਪੋਲਾ ਬੋਲੋ। ਸਹ-ਜੇ: ਨੂੰ ਸਹਿਜੇ ਨਹੀਂ ਬੋਲੋ ਜੀ	Nij Ghar Mehal Paavahu Sukh Sehajae Bahur N Hoeigo Faeraa ||3||	Within the home of your own inner being, you shall obtain the Mansion of the Lord's Presence with intuitive ease. You shall not be consigned again to the wheel of reincarnation. ||3||	(ਜੇ ਗੁਰੂ ਦੀ ਸਰਨ ਪਵੋਗੇ, ਤਾਂ) ਆਤਮਕ ਆਨੰਦ ਅਤੇ ਅਡੋਲਤਾ ਵਿਚ ਟਿਕ ਕੇ ਆਪਣੇ ਅੰਦਰ ਹੀ ਪਰਮਾਤਮਾ ਦਾ ਟਿਕਾਣਾ ਲੱਭ ਲਵੋਗੇ। ਫਿਰ ਮੁੜ ਜਨਮ ਮਰਨ ਦਾ ਗੇੜ ਨਹੀਂ ਹੋਵੇਗਾ ॥੩॥
588	13	ਅੰਤਰਜਾਮੀ ਪੁਰਖ ਬਿਧਾਤੇ ਸਰਧਾ ਮਨ ਕੀ ਪੂਰੇ॥	(ਬਿਧਾਤੇ) ਸਿਰਜਣਹਾਰ। (ਸਰਧਾ) ਇੱਛਾ	Antharajaamee Purakh Bidhhaathae Saradhhaa Man Kee Poorae ||	O Inner-knower, Searcher of Hearts, O Primal Being, Architect of Destiny: please fulfill this yearning of my mind.	ਹੇ ਹਰੇਕ ਦੇ ਦਿਲ ਦੀ ਜਾਣਨ ਵਾਲੇ ਸਰਬ-ਵਿਆਪਕ ਸਿਰਜਨਹਾਰ! ਮੇਰੇ ਮਨ ਦੀ ਇੱਛਾ ਪੂਰੀ ਕਰ।
589	13	ਨਾਨਕ ਦਾਸੁ ਇਹੈ ਸੁਖੁ ਮਾਗੈ ਮੋਕਉ ਕਰਿ ਸੰਤਨ ਕੀ ਧੂਰੇ॥੪॥੫॥	ਮਾਂਗੈ। ਮੋ-ਕਉ: ਮੋਕੋ ਨਹੀਂ ਕਹਿਣਾ।	Naanak Dhaas Eihai Sukh Maagai Mo Ko Kar Santhan Kee Dhhoorae ||4||5||	Nanak, Your slave, begs for this happiness: let me be the dust of the feet of the Saints. ||4||5||	ਦਾਸ ਨਾਨਕ ਤੈਥੋਂ ਇਹੀ ਸੁਖ ਮੰਗਦਾ ਹੈ ਕਿ ਮੈਨੂੰ ਸੰਤਾਂ ਦੇ ਚਰਨਾਂ ਦੀ ਧੂੜ ਬਣਾ ਦੇਹ ॥੪॥੫॥
590	14	ੴ ਸਤਿਗੁਰ ਪ੍ਰਸਾਦਿ॥	ੴ: ਊੜਾ ਮੂੰਹ ਖੁੱਲਾ ਹੋੜਾ ਦੀਰਘ ਲੰਬਾ ਬੋਲੋ, ਇੱਕ-ਓਅੰਕਾਰ ਬੋਲੋ।	Ik Oankaar Sathigur Prasaadh ||	One Universal Creator God. By The Grace Of The True Guru:	

591	14	ਰਾਗੁ ਸਿਰੀਰਾਗੁ ਮਹਲਾ ਪਹਿਲਾ ੧ ਘਰੁ ੧॥	ਮਹੱਲਾ ਪਹਿਲਾ ਪਹਿਲਾ ਘਰੁ ਪਹਿਲਾ ਬੋਲੋ ਜੀ। ਨੋਟਗੂਜਰੀ ਮਹਲਾ ੩ ਤੀਜਾ॥ ਸੋਰਠਿ ਮਹਲਾ ੪ ਚਉਥਾ॥ ਜਿਵੇਂ ਤੀਜਾ ਦੇ ਖੱਬੇ ੩ ਨੂੰ ਤੀਜਾ ਪੜ੍ਹਨਾ ਹੈ, ਤਿਵੇਂ ਘਰੁ ਦੇ ਖੱਬੇ ੧ ਨੂੰ ਪਹਿਲਾ ਪੜ੍ਹਨਾ ਹੈ ਜੀ, ਗੁਰਬਾਣੀ ਗੁਰੂ ਜੀ ਅਨੁਸਾਰ, ਅਨਿਕ ਬਾਰ ਨਮਸਕਾਰ। ਮਹਲਾ ਪਹਿਲਾ ੧ ਘਰੁ ੧ ਨੂੰ ਮਹੱਲਾ ਪਹਿਲਾ ਪਹਿਲਾ ਘਰੁ ਪਹਿਲਾ ਬੋਲੋ ਜੀ। ੧੭ ਘਰਾਂ ਚ ਗੁਰਬਾਣੀ ਜੀ ਉਚਾਰੇ ਹਨ। ਘਰੁ ਦੇ ਸੱਜੇ ਲਿਖੇ ਅੰਕ ਘਰੁ ੧੭ ਤੱਕ ਬਰ ਜ਼ਰੂਰ ਹੀ ਪੜ੍ਹਨੇ। ਘਰੁ ਦੂਜਾ ਤੀਜਾ ਚੌਥਾ ਪੰਜਵਾਂ ਛੇਵਾਂ ਸੱਤਵਾਂ ਅੱਠਵਾਂ ਨਾਵਾਂ	Raag Sireeraag Mehalaa Pehilaa 1 Ghar 1 ||	Raag Siree Raag, First Mehl, First House:	ਰਾਗ ਸਿਰੀਰਾਗੁ, ਘਰ ੧ ਵਿੱਚ ਗੁਰੂ ਨਾਨਕ ਜੀ ਦੀ ਬਾਣੀ।

592	14	ਮੋਤੀ ਤ ਮੰਦਰ ਊਸਰਹਿ ਰਤਨੀ ਤ ਹੋਹਿ ਜੜਾਉ॥	(ਊਸਰਹਿ) ਬਣਾਉਣਾ। (ਜੜਾਉ) ਜੜਨੇ ਭਾਵ ਲਾਉਣੇ	Mothee Th Mandhar Oosarehi Rathanee Th Hohi Jarraao ||	If I had a palace made of pearls, inlaid with jewels,	ਜੇ (ਮੇਰੇ ਵਾਸਤੇ) ਮੋਤੀਆਂ ਦੇ ਮਹਲ-ਮਾੜੀਆਂ ਉਸਰ ਪੈਣ, ਜੇ (ਉਹ ਮਹਲ-ਮਾੜੀਆਂ) ਰਤਨਾਂ ਨਾਲ ਜੜਾਊ ਹੋ ਜਾਣ,
593	14	ਕਸਤੂਰਿ ਕੁੰਗੂ ਅਗਰਿ ਚੰਦਨਿ ਲੀਪਿ ਆਵੈ ਚਾਉ॥	(ਕਸਤੂਰਿ)ਕਸਤੂਰੀ। (ਕੁੰਗੂ)ਕੇਸਰ। ਅਤੀ ਹੀ ਸੁਗੰਧੀ ਵਾਲ਼ੀ (ਅਗਰਿ)ਤੋਇ ਦੀ ਲੱਕੜੀ। (ਲੀਪਿ)ਲਿਪਿਆ ਜਾਵੇ, ਜਿਸ ਦੇ ਸੁੰਦਰ ਦਰਸ਼ਨ ਕਰਦਿਆਂ, ਵਿੱਚ ਬੈਠਣੇ ਕਰਕੇ ਮਨ ਚ (ਚਾਉ)ਉਤਸ਼ਾਹ ਆਵੇ	Kasathoor Kungoo Agar Chandhan Leep Aavai Chaao ||	Scented with musk, saffron and sandalwood, a sheer delight to behold	ਜੇ (ਉਹਨਾਂ ਮਹਲ-ਮਾੜੀਆਂ ਨੂੰ) ਕਸਤੂਰੀ ਕੇਸਰ ਊਦ ਤੇ ਚੰਦਨ ਨਾਲ ਲਿਪਾਈ ਕਰ ਕੇ (ਮੇਰੇ ਅੰਦਰ) ਚਾਉ ਚੜ੍ਹੇ,
594	14	ਮਤੁ ਦੇਖਿ ਭੂਲਾ ਵੀਸਰੈ ਤੇਰਾ ਚਿਤਿ ਨ ਆਵੈ ਨਾਉ॥੧॥	ਇਸ ਨੂੰ ਅਤਿ ਸੁੰਦਰ ਦੇਖ ਕੇ, (ਮੱਤੁ) ਮਤਾਂ ਇਨ੍ਹਾਂ ਚ ਹੀ ਭੁੱਲ ਜਾਵਾਂ ਤੇ ਆਪ ਜੀ ਦਾ ਨਾਮ (ਵੀਸਰੈ) ਵਿਸਰ ਜਾਵੇ	Math Dhaekh Bhoolaa Veesarai Thaeraa Chith N Aavai Naao ||1||	-seeing this, I might go astray and forget You, and Your Name would not enter into my mind. ||1||	(ਤਾਂ ਭੀ ਇਹ ਸਭ ਕੁਝ ਵਿਅਰਥ ਹੈ, ਮੈਨੂੰ ਖ਼ਤਰਾ ਹੈ ਕਿ ਇਹਨਾਂ ਮਹਲ-ਮਾੜੀਆਂ) ਨੂੰ ਵੇਖ ਕੇ ਮੈਂ ਕਿਤੇ (ਹੇ ਪ੍ਰਭੂ!) ਤੈਨੂੰ ਭੁਲਾ ਨਾਹ ਬੈਠਾਂ, ਕਿਤੇ ਤੂੰ ਮੈਨੂੰ ਵਿੱਸਰ ਨਾਹ ਜਾਏਂ, ਕਿਤੇ ਤੇਰਾ ਨਾਮ ਮੇਰੇ ਚਿੱਤ ਵਿਚ ਟਿਕੇ ਹੀ ਨਾਹ ॥੧॥
595	14	ਹਰਿ ਬਿਨੁ ਜੀਉ ਜਲਿ ਬਲਿ ਜਾਉ॥		Har Bin Jeeo Jal Bal Jaao ||	Without the Lord, my soul is scorched and burnt.	ਪ੍ਰਭੂ ਤੋਂ ਵਿੱਛੁੜ ਕੇ ਜਿੰਦ ਸੜ-ਬਲ ਜਾਂਦੀ ਹੈ।

596	14	ਮੈ ਆਪਣਾ ਗੁਰੁ ਪੂਛਿ ਦੇਖਿਆ ਅਵਰੁ ਨਾਹੀ ਥਾਉ॥੧॥ਰਹਾਉ॥		Mai Aapanaa Gur Pooshh Dhaekhiaa Avar Naahee Thhaao ||1|| Rehaao ||	I consulted my Guru, and now I see that there is no other place at all. ||1||Pause||	ਮੈਂ ਆਪਣੇ ਗੁਰੂ ਨੂੰ ਪੁੱਛ ਕੇ ਵੇਖ ਲਿਆ ਹੈ (ਮੈ ਆਪਣੇ ਗੁਰੂ ਨੂੰ ਪੁੱਛਿਆ ਹੈ ਤੇ ਮੈਨੂੰ ਯਕੀਨ ਭੀ ਆ ਗਿਆ ਹੈ) ਕਿ (ਤੇ ਪ੍ਰਭੂ ਦੀ ਯਾਦ ਤੋਂ ਬਿਨਾ) ਹੋਰ ਕੋਈ ਥਾਂ (ਭੀ) ਨਹੀਂ ਹੈ (ਜਿਥੇ ਉਹ ਸਾੜ ਮੁੱਕ ਸਕੇ) ॥੧॥ ਰਹਾਉ ॥
597	14	ਧਰਤੀ ਤ ਹੀਰੇ ਲਾਲ ਜੜਤੀ ਪਲਘਿ ਲਾਲ ਜੜਾਉ॥	ਪਲ-ਘਿ: ਪੋਲਾ ਬੋਲੋ ਘੱਘੇ ਸਿਹਾਰੀ ਲਾਉ	Dhharathee Th Heerae Laal Jarrathee Palagh Laal Jarraao ||	If the floor of this palace was a mosaic of diamonds and rubies, and if my bed was encased with rubies,	ਜੇ (ਮੇਰੇ ਰਹਣ ਵਾਸਤੇ) ਧਰਤੀ ਹੀਰੇ ਲਾਲਾਂ ਨਾਲ ਜੜੀ ਜਾਏ, ਜੇ (ਮੇਰੇ ਸੌਣ ਵਾਲੇ) ਪਲੰਘ ਉੱਤੇ ਲਾਲ ਜੜੇ ਜਾਣ,
598	14	ਮੋਹਣੀ ਮੁਖਿ ਮਣੀ ਸੋਹੈ ਕਰੇ ਰੰਗਿ ਪਸਾਉ॥	(ਮੋਹਣੀ) ਮਨ ਮੋਹਣ ਵਾਲੀ। (ਰੰਗਿ) ਅਨੰਦ ਦਾਇਕ (ਪਸਾਉ) ਹਾਵ ਭਾਵ	Mohanee Mukh Manee Sohai Karae Rang Pasaao ||	And if heavenly beauties, their faces adorned with emeralds, tried to entice me with sensual gestures of love	ਜੇ (ਮੇਰੇ ਸਾਹਮਣੇ) ਉਹ ਸੁੰਦਰ ਇਸਤ੍ਰੀ ਹਾਵ-ਭਾਵ ਕਰੇ ਜਿਸ ਦੇ ਮੱਥੇ ਉਤੇ ਮਣੀ ਸੋਭ ਰਹੀ ਹੋਵੇ,

599	14	ਮਤੁ ਦੇਖਿ ਭੂਲਾ ਵੀਸਰੈ ਤੇਰਾ ਚਿਤਿ ਨ ਆਵੈ ਨਾਉ॥੨॥		Math Dhaekh Bhoolaa Veesarai Thaeraa Chith N Aavai Naao ||2||	-seeing these, I might go astray and forget You, and Your Name would not enter into my mind. ||2||	(ਤਾਂ ਭੀ ਇਹ ਸਭ ਕੁਝ ਵਿਅਰਥ ਹੈ, ਮੈਨੂੰ ਖ਼ਤਰਾ ਹੈ ਕਿ ਅਜਿਹੇ ਸੁੰਦਰ ਥਾਂ ਤੇ ਅਜਿਹੀ ਸੁੰਦਰੀ ਨੂੰ) ਵੇਖ ਕੇ ਮੈਂ ਕਿਤੇ (ਹੇ ਪ੍ਰਭੂ!) ਤੈਨੂੰ ਭੁਲਾ ਨਾਹ ਬੈਠਾਂ, ਕਿਤੇ ਤੂੰ ਮੈਨੂੰ ਵਿੱਸਰ ਨਾਹ ਜਾਏਂ, ਕਿਤੇ ਤੇਰਾ ਨਾਮ ਮੇਰੇ ਚਿੱਤ ਵਿਚ ਟਿਕੇ ਹੀ ਨਾਹ ॥੨॥
600	14	ਸਿਧੁ ਹੋਵਾ ਸਿਧਿ ਲਾਈ ਰਿਧਿ ਆਖਾ ਆਉ॥	(ਸਿਧੁ) ੧੮ ਸਿੱਧੀਆਂ ਦਾ ਮਾਲਕ। ਸਿੱਧੁ। ਸਿੱਧਿ। ਰਿੱਧਿ	Sidhh Hovaa Sidhh Laaee Ridhh Aakhaa Aao ||	If I were to become a Siddha, and work miracles, summon wealth	ਜੇ ਮੈਂ ਪੁੱਗਾ ਹੋਇਆ ਜੋਗੀ ਬਣ ਜਾਵਾਂ, ਜੇ ਮੈਂ ਜੋਗ-ਸਮਾਧੀ ਦੀਆਂ ਕਾਮਯਾਬੀਆਂ ਹਾਸਲ ਕਰ ਲਵਾਂ, ਜੇ ਮੈਂ ਜੋਗ ਤੋਂ ਪ੍ਰਾਪਤ ਹੋ ਸਕਣ ਵਾਲੀਆਂ ਬਰਕਤਾਂ ਨੂੰ ਵਾਜ ਮਾਰਾਂ ਤੇ ਉਹ (ਮੇਰੇ ਪਾਸ) ਆ ਜਾਣ,
601	14	ਗੁਪਤੁ ਪਰਗਟੁ ਹੋਇ ਬੈਸਾ ਲੋਕੁ ਰਾਖੈ ਭਾਉ॥	(ਭਾਉ) ਸ਼ਰਧਾ	Gupath Paragatt Hoe Baisaa Lok Raakhai Bhaao ||	And become invisible and visible at will, so that people would hold me in awe	ਜੇ (ਜੋਗ ਦੀ ਤਾਕਤ ਨਾਲ) ਮੈਂ ਕਦੇ ਲੁਕ ਸਕਾਂ ਤੇ ਕਦੇ ਪਰਤੱਖ ਹੋ ਕੇ ਬੈਠ ਜਾਵਾਂ, ਜੇ (ਸਾਰਾ) ਜਗਤ ਮੇਰਾ ਆਦਰ ਕਰੇ,
602	14	ਮਤੁ ਦੇਖਿ ਭੂਲਾ ਵੀਸਰੈ ਤੇਰਾ ਚਿਤਿ ਨ ਆਵੈ ਨਾਉ॥੩॥		Math Dhaekh Bhoolaa Veesarai Thaeraa Chith N Aavai Naao ||3||	-seeing these, I might go astray and forget You, and Your Name would not enter into my mind. ||3||	(ਤਾਂ ਭੀ ਇਹ ਸਭ ਕੁਝ ਵਿਅਰਥ ਹੈ, ਮੈਨੂੰ ਖ਼ਤਰਾ ਹੈ ਕਿ ਇਹਨਾਂ ਰਿੱਧੀਆਂ ਸਿੱਧੀਆਂ ਨੂੰ) ਵੇਖ ਕੇ ਮੈਂ ਕਿਤੇ (ਹੇ ਪ੍ਰਭੂ!) ਤੈਨੂੰ ਭੁਲਾ ਨਾਹ ਬੈਠਾਂ, ਕਿਤੇ ਤੂੰ ਮੈਨੂੰ ਵਿੱਸਰ ਨਾਹ ਜਾਏਂ, ਕਿਤੇ ਤੇਰਾ ਨਾਮ ਮੇਰੇ ਚਿੱਤ ਵਿਚ ਟਿਕੇ ਹੀ ਨਾਹ ॥੩॥

603	14	ਸੁਲਤਾਨੁ ਹੋਵਾ ਮੇਲਿ ਲਸਕਰ ਤਖਤਿ ਰਾਖਾ ਪਾਉ॥	(ਸੁਲਤਾਨੁ) ਚੱਕ੍ਰਵਰਤੀ ਪਾਤਿਸਾਹ। (ਲਸਕਰ)ਫ਼ੌਜ। (ਪਾਉ)ਪੈਰ	Sulathaan Hovaa Mael Lasakar Thakhath Raakhaa Paao ||	If I were to become an emperor and raise a huge army, and sit on a throne,	ਜੇ ਮੈਂ ਫ਼ੌਜਾਂ ਇਕੱਠੀਆਂ ਕਰ ਕੇ ਬਾਦਸ਼ਾਹ ਬਣ ਜਾਵਾਂ ਅਤੇ ਤਖ਼ਤ ਉੱਤੇ ਪੈਰ ਰੱਖਾਂ (ਦੁਨੀਆਂ ਦਾ ਹਕੂਮਤ ਪ੍ਰਾਪਤ ਕਰ ਲਵਾਂ),
604	14	ਹੁਕਮੁ ਹਾਸਲੁ ਕਰੀ ਬੈਠਾ ਨਾਨਕਾ ਸਭ ਵਾਉ॥	(ਹਾਸਲੁ) ਪ੍ਰਾਪਤਿ। (ਵਾਉ) ਹਵਾ ਵਾਂਗ ਉੱਡ ਜਾਣ ਵਾਲੇ (ਵਾਉ) ਬਿਅਰਥ ਹਨ	Hukam Haasal Karee Baithaa Naanakaa Sabh Vaao ||	Issuing commands and collecting taxes-O Nanak, all of this could pass away like a puff of wind.	ਜੇ ਮੈਂ (ਤਖ਼ਤ ਉੱਤੇ) ਬੈਠਾ (ਬਾਦਸ਼ਾਹੀ ਦਾ) ਹੁਕਮ ਚਲਾ ਸਕਾਂ, ਤਾਂ ਭੀ, ਹੇ ਨਾਨਕ! (ਇਹ) ਸਭ ਕੁਝ ਵਿਅਰਥ ਹੈ।
605	14	ਮਤੁ ਦੇਖਿ ਭੂਲਾ ਵੀਸਰੈ ਤੇਰਾ ਚਿਤਿ ਨ ਆਵੈ ਨਾਉ॥੪॥੧॥		Math Dhaekh Bhoolaa Veesarai Thaeraa Chith N Aavai Naao ||4||1||	Seeing these, I might go astray and forget You, and Your Name would not enter into my mind. ||4||1||	(ਮੈਨੂੰ ਖ਼ਤਰਾ ਹੈ ਕਿ ਇਹ ਰਾਜ-ਭਾਗ) ਵੇਖ ਕੇ ਮੈਂ ਕਿਤੇ (ਹੇ ਪ੍ਰਭੂ!) ਤੈਨੂੰ ਭੁਲਾ ਨਾਹ ਬੈਠਾਂ, ਕਿਤੇ ਤੂੰ ਮੈਨੂੰ ਵਿੱਸਰ ਨਾਹ ਜਾਏਂ, ਕਿਤੇ ਤੇਰਾ ਨਾਮ ਮੇਰੇ ਚਿੱਤ ਵਿਚ ਟਿਕੇ ਹੀ ਨਾਹ ॥੪॥੧॥
606	14	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
607	14	ਕੋਟਿ ਕੋਟੀ ਮੇਰੀ ਆਰਜਾ ਪਵਣੁ ਪੀਅਣੁ ਅਪਿਆਉ॥	(ਕੋਟਿ ਕੋਟੀ) ਕੋਟਾਨ ਕੋਟ। (ਪਵਣੁ) ਹਵਾ ਨੂੰ ਹੀ (ਪੀਅਣੁ) ਪੀਣਾ ਅਤੇ (ਅਪਿਆਉ) ਖਾਣਾ ਕਰਾਂ	Kott Kottee Maeree Aarajaa Pavan Peean Apiaao ||	If I could live for millions and millions of years, and if the air was my food and drink,	ਜੇ ਮੇਰੀ ਉਮਰ ਕ੍ਰੋੜਾਂ ਹੀ ਸਾਲ ਹੋ ਜਾਏ, ਜੇ ਹਵਾ ਮੇਰਾ ਖਾਣਾ-ਪੀਣਾ ਹੋਵੇ (ਜੇ ਮੈਂ ਹਵਾ ਦੇ ਆਸਰੇ ਹੀ ਜੀਊ ਸਕਾਂ),

608	14	ਚੰਦੁ ਸੂਰਜੁ ਦੁਇ ਗੁਫੈ ਨ ਦੇਖਾ ਸੁਪਨੈ ਸਉਣ ਨ ਥਾਉ॥		Chandh Sooraj Dhue Gufai N Dhaekhaa Supanai Soun N Thhaao ||	And if I lived in a cave and never saw either the sun or the moon, and if I never slept, even in dreams	ਜੇ (ਕਿਸੇ) ਗੁਫਾ ਵਿਚ (ਬੈਠਾ ਰਹਿ ਕੇ) ਚੰਦ ਅਤੇ ਸੂਰਜ ਦੋਹਾਂ ਨੂੰ ਕਦੇ ਨਾ ਵੇਖਾਂ (ਭਾਵ, ਕਿ ਦਿਨ-ਰਾਤ ਮੈਂ ਗੁਫਾ ਵਿਚ ਬੈਠ ਕੇ ਸਮਾਧੀ ਲਾਈ ਰੱਖਾਂ), ਜੇ ਸੁਫਨੇ ਵਿਚ ਭੀ ਸੌਣ ਦੀ ਥਾਂ ਨ ਮਿਲੇ (ਜੇ ਕਦੇ ਭੀ ਨਾਹ ਸੌਂ ਸਕਾਂ)
609	14	ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ॥੧॥		Bhee Thaeree Keemath Naa Pavai Ho Kaevadd Aakhaa Naao ||1||	-even so, I could not estimate Your Value. How can I describe the Greatness of Your Name? ||1||	ਤਾਂ ਭੀ (ਹੇ ਪ੍ਰਭੂ! ਇਤਨੀਆਂ ਲੰਮੀਆਂ ਸਮਾਧੀਆਂ ਲਾ ਕੇ ਭੀ) ਮੈਥੋਂ ਤੇਰਾ ਮੁੱਲ ਨਹੀਂ ਪੈ ਸਕਦਾ (ਤੇਰੇ ਬਰਾਬਰ ਦਾ ਮੈਂ ਕਿਸੇ ਹੋਰ ਨੂੰ ਲੱਭ ਨਹੀਂ ਸਕਦਾ), ਮੈਂ ਤੇਰੀ ਕਿਤਨੀ ਕੁ ਵਡਿਆਈ ਦੱਸਾਂ? (ਮੈਂ ਤੇਰੀ ਵਡਿਆਈ ਦੱਸਣ ਜੋਗਾ ਨਹੀਂ ਹਾਂ) ॥੧॥
610	14	ਸਾਚਾ ਨਿਰੰਕਾਰੁ ਨਿਜ ਥਾਇ॥	(ਨਿਰੰਕਾਰੁ) ਸੱਚੇ ਵਾਹਿਗੁਰੂ ਜੀ, (ਨਿੱਜ) ਅਪਣੇ, (ਥਾਇ)ਥਾਂ, ਸਦਾ ਅਚੱਲ ਅਵਿਨਾਸੀ ਹਨ	Saachaa Nirankaar Nij Thhaae ||	The True Lord, the Formless One, is Himself in His Own Place.	ਸਦਾ ਕਾਇਮ ਰਹਿਣ ਵਾਲਾ ਨਿਰ-ਆਕਾਰ ਪਰਮਾਤਮਾ ਆਪਣੇ ਆਪ ਵਿਚ ਟਿਕਿਆ ਹੋਇਆ ਹੈ (ਉਸ ਨੂੰ ਕਿਸੇ ਹੋਰ ਦੇ ਆਸਰੇ ਦੀ ਮੁਥਾਜੀ ਨਹੀਂ ਹੈ)

611	14	ਸੁਣਿ ਸੁਣਿ ਆਖਣੁ ਆਖਣਾ ਜੇ ਭਾਵੈ ਕਰੇ ਤਮਾਇ॥੧॥ਰਹਾਉ॥	(ਤਮਾਇ) ਇੱਛਾ	Sun Sun Aakhan Aakhanaa Jae Bhaavai Karae Thamaae ||1|| Rehaao ||	I have heard, over and over again, and so I tell the tale; as it pleases You, Lord, please instill within me the yearning for You. ||1||Pause||	ਅਸੀਂ ਜੀਵ ਇਕ ਦੂਜੇ ਤੋਂ ਸੁਣ ਸੁਣ ਕੇ ਹੀ (ਉਸ ਦੀ ਬਜ਼ੁਰਗੀ ਦਾ) ਬਿਆਨ ਕਰ ਦੇਂਦੇ ਹਾਂ। (ਪਰ ਇਹ ਕੋਈ ਨਹੀਂ ਦੱਸ ਸਕਦਾ ਕਿ ਉਹ ਕਿਤਨਾ ਕੁ ਵੱਡਾ ਹੈ)। ਜੇ ਪ੍ਰਭੂ ਨੂੰ ਚੰਗਾ ਲੱਗੇ ਤਾਂ (ਜੀਵ ਦੇ ਅੰਦਰ ਆਪਣੀ ਸਿਫ਼ਤ-ਸਾਲਾਹ ਦੀ) ਤਾਂਘ ਪੈਦਾ ਕਰ ਦੇਂਦਾ ਹੈ ॥੧॥ ਰਹਾਉ ॥
612	14	ਕੁਸਾ ਕਟੀਆ ਵਾਰ ਵਾਰ ਪੀਸਣਿ ਪੀਸਾ ਪਾਇ॥	ਅਪਣੇ ਆਪ ਨੂੰ (ਕੱਟੀਆ)ਕਟਾ ਕੇ। ਕੁਸਾ:ਪੋਲਾ ਬੋਲੋ। (ਕੁਸਾ)ਕੁਹਾ ਲਵਾਂ	Kusaa Katteeaa Vaar Vaar Peesan Peesaa Paae ||	If I was slashed and cut into pieces, over and over again, and put into the mill and ground into flour,	ਜੇ (ਤਪਾਂ ਦੇ ਕਸ਼ਟ ਦੇ ਦੇ ਕੇ ਆਪਣੇ ਸਰੀਰ ਨੂੰ) ਮੈਂ ਕੁਹ ਸੁੱਟਾਂ, ਮੁੜ ਮੁੜ ਰਤਾ ਰਤਾ ਕਟਾ ਦਿਆਂ, ਚੱਕੀ ਵਿਚ ਪਾ ਕੇ ਪੀਹ ਦਿਆਂ,
613	14	ਅਗੀ ਸੇਤੀ ਜਾਲੀਆ ਭਸਮ ਸੇਤੀ ਰਲਿ ਜਾਉ॥	(ਸੇੱਤੀ) ਨਾਲ਼। ਅੱਗੀਂ	Agee Saethee Jaaleeaa Bhasam Saethee Ral Jaao ||	Burnt by fire and mixed with ashes	ਅੱਗ ਨਾਲ ਸਾੜ ਸੁੱਟਾਂ, ਤੇ (ਆਪਣੇ ਆਪ ਨੂੰ) ਸੁਆਹ ਨਾਲ ਰਲਾ ਦਿਆਂ।
614	14	ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ॥੨॥		Bhee Thaeree Keemath Naa Pavai Ho Kaevadd Aakhaa Naao ||2||	-even then, I could not estimate Your Value. How can I describe the Greatness of Your Name? ||2||	(ਇਤਨੇ ਤਪ ਸਾਧ ਕੇ ਭੀ, ਹੇ ਪ੍ਰਭੂ!) ਤੇਰੇ ਬਰਾਬਰ ਦਾ ਹੋਰ ਕਿਸੇ ਨੂੰ ਲੱਭ ਨਹੀਂ ਸਕਦਾ, ਮੈਂ ਤੇਰੀ ਵਡਿਆਈ ਦੱਸਣ ਜੋਗਾ ਨਹੀਂ ਹਾਂ ॥੨॥

615	14	ਪੰਖੀ ਹੋਇ ਕੈ ਜੇ ਭਵਾ ਸੈ ਅਸਮਾਨੀ ਜਾਉ॥	(ਭਵਾ) ਭਉਣਾ ਕਰਾਂ, ਉੱਡਾਂ। (ਸੈ): ਸੈਂਕੜੇ	Pankhee Hoe Kai Jae Bhavaa Sai Asamaanee Jaao ||	If I was a bird, soaring and flying through hundreds of heavens,	ਜੇ ਮੈਂ ਪੰਛੀ ਬਣ ਕੇ ਉੱਡ ਸਕਾਂ ਤੇ ਸੈਂਕੜੇ ਅਸਮਾਨਾਂ ਤਕ ਪਹੁੰਚ ਸਕਾਂ।
616	14	ਨਦਰੀ ਕਿਸੈ ਨ ਆਵਉ ਨਾ ਕਿਛੁ ਪੀਆ ਨ ਖਾਉ॥	ਕਿੱਛੁ	Nadharee Kisai N Aavoo Naa Kishh Peeaa N Khaao ||	And if I was invisible, neither eating nor drinking anything	ਜੇ (ਉੱਡ ਕੇ ਇਤਨਾ ਉੱਚਾ ਚਲਾ ਜਾਵਾਂ ਕਿ) ਮੈਂ ਕਿਸੇ ਨੂੰ ਦਿੱਸ ਨਾ ਸਕਾਂ, ਖਾਵਾਂ ਪੀਵਾਂ ਭੀ ਕੁਝ ਨਾ।
617	14	ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ॥੩॥		Bhee Thaeree Keemath Naa Pavai Ho Kaevadd Aakhaa Naao ||3||	-even so, I could not estimate Your Value. How can I describe the Greatness of Your Name? ||3||	(ਇਤਨੀ ਪਹੁੰਚ ਰੱਖਦਾ ਹੋਇਆ) ਭੀ (ਹੇ ਪ੍ਰਭੂ!) ਮੈਂ ਤੇਰੇ ਬਰਾਬਰ ਦਾ ਹੋਰ ਕੋਈ ਨਹੀਂ ਲੱਭ ਸਕਦਾ, ਮੈਂ ਤੇਰੀ ਵਡਿਆਈ ਦੱਸਣ ਜੋਗਾ ਨਹੀਂ ਹਾਂ ॥੩॥
618	15	ਨਾਨਕ ਕਾਗਦ ਲਖ ਮਣਾ ਪੜਿ ਪੜਿ ਕੀਚੈ ਭਾਉ॥	(ਭਾਉ) ਪ੍ਰੇਮ।ਪੜ੍ਹਿ	Naanak Kaagadh Lakh Manaa Parr Parr Keechai Bhaao ||	O Nanak, if I had hundreds of thousands of stacks of paper, and if I were to read and recite and embrace love for the Lord,	ਹੇ ਨਾਨਕ! (ਆਖ-ਹੇ ਪ੍ਰਭੂ! ਜੇ ਮੇਰੇ ਪਾਸ ਤੇਰੀ ਵਡਿਆਈ ਨਾਲ ਭਰੇ ਹੋਏ) ਲੱਖਾਂ ਮਣਾਂ ਕਾਗ਼ਜ਼ ਹੋਣ। ਉਹਨਾਂ ਨੂੰ ਮੁੜ ਮੁੜ ਪੜ੍ਹ ਕੇ ਵਿਚਾਰ (ਭੀ) ਕੀਤੀ ਜਾਵੇ,
619	15	ਮਸੂ ਤੋਟਿ ਨ ਆਵਈ ਲੇਖਣਿ ਪਉਣੁ ਚਲਾਉ॥	(ਮੱਸੂ)ਸਿਆਹੀ। (ਲੇਖਣਿ) ਕਲਮ	Masoo Thott N Aavee Laekhan Poun Chalaao ||	And if ink were never to fail me, and if my pen were able to move like the wind	ਜੇ (ਤੇਰੀ ਵਡਿਆਈ ਲਿਖਣ ਵਾਸਤੇ) ਮੈਂ ਹਵਾ ਨੂੰ ਕਲਮ ਬਣਾ ਲਵਾਂ (ਲਿਖਦਿਆਂ ਲਿਖਦਿਆਂ) ਸਿਆਹੀ ਦੀ ਭੀ ਕਦੇ ਤੋਟ ਨਾਹ ਆਵੇ,

620	15	ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ॥੪॥੨॥		Bhee Thaeree Keemath Naa Pavai Ho Kaevadd Aakhaa Naao ||4||2||	-even so, I could not estimate Your Value. How can I describe the Greatness of Your Name? ||4||2||	ਤਾਂ ਭੀ (ਹੇ ਪ੍ਰਭੂ!) ਮੈਂ ਤੇਰਾ ਮੁੱਲ ਨਹੀਂ ਪਾ ਸਕਦਾ, ਮੈਂ ਤੇਰੀ ਵਡਿਆਈ ਦੱਸਣ ਜੋਗਾ ਨਹੀਂ ਹਾਂ ॥੪॥੨॥
621	15	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
622	15	ਲੇਖੈ ਬੋਲਣੁ ਬੋਲਣਾ ਲੇਖੈ ਖਾਣਾ ਖਾਉ॥	(ਲੇਖੈ)ਹਿਸਾਬ	Laekhai Bolan Bolanaa Laekhai Khaanaa Khaao ||	As it is pre-ordained, people speak their words. As it is pre-ordained, they consume their food.	ਸਾਡਾ ਬੋਲ-ਚਾਲ, ਸਾਡਾ ਖਾਣ-ਪੀਣ ਥੋੜੇ ਹੀ ਸਮੇਂ ਲਈ ਹੈ,
623	15	ਲੇਖੈ ਵਾਟ ਚਲਾਈਆ ਲੇਖੈ ਸੁਣਿ ਵੇਖਾਉ॥	(ਵਾਟ)ਰਸਤਾ। (ਵੇਖਾਉ)ਵੇਖਣਾ	Laekhai Vaatt Chalaaeeaa Laekhai Sun Vaekhaao ||	As it is pre-ordained, they walk along the way. As it is pre-ordained, they see and hear.	ਜਿਸ ਜੀਵਨ-ਸਫ਼ਰ ਵਿਚ ਅਸੀਂ ਤੁਰੇ ਹੋਏ ਹਾਂ ਇਹ ਸਫ਼ਰ ਭੀ ਥੋੜੇ ਹੀ ਚਿਰ ਲਈ ਹੈ, (ਦੁਨੀਆਂ ਦੇ ਰਾਗ-ਰੰਗ ਤੇ ਰੰਗ-ਤਮਾਸ਼ੇ) ਸੁਣਨੇ ਵੇਖਣੇ ਭੀ ਥੋੜੇ ਹੀ ਸਮੇਂ ਲਈ ਹਨ।
624	15	ਲੇਖੈ ਸਾਹ ਲਵਾਈਅਹਿ ਪੜੇ ਕਿ ਪੁਛਣ ਜਾਉ॥੧॥	(ਲਵਾਈ–ਅਹਿ) ਲਈਦੇ ਹਨ। ਪੜ੍ਹੇ। ਪੁੱਛਣ	Laekhai Saah Lavaaeeahi Parrae K Pushhan Jaao ||1||	As it is pre-ordained, they draw their breath. Why should I go and ask the scholars about this? ||1||	ਅਸੀਂ ਜ਼ਿੰਦਗੀ ਦੇ ਸਾਹ ਗਿਣੇ-ਮਿਥੇ ਸਮੇਂ ਲਈ ਹੀ ਲੈ ਰਹੇ ਹਾਂ। ਮੈਂ (ਇਸ ਬਾਰੇ) ਕਿਸੇ ਪੜ੍ਹੇ ਹੋਏ ਮਨੁੱਖ ਨੂੰ ਕੀਹ ਪੁੱਛਣ ਜਾਵਾਂ? ਇਸ ਬਾਰੇ ਕਿਸੇ ਨੂੰ ਪੁੱਛਣ ਦੀ ਲੋੜ ਨਹੀਂ, ਹਰ ਕੋਈ ਜਾਣਦਾ ਹੈ ॥੧॥

625	15	ਬਾਬਾ ਮਾਇਆ ਰਚਨਾ ਧੋਹੁ॥	(ਧੋਹੁ)ਛਲ	Baabaa Maaeiaa Rachanaa Dhhohu ||	O Baba, the splendor of Maya is deceptive.	ਹੇ ਭਾਈ! ਮਾਇਆ ਦੀ ਖੇਡ (ਜੀਵਾਂ ਲਈ) ਚਾਰ ਦਿਨ ਦੀ ਹੀ ਖੇਡ ਹੈ।
626	15	ਅੰਧੈ ਨਾਮੁ ਵਿਸਾਰਿਆ ਨਾ ਤਿਸੁ ਏਹ ਨ ਓਹੁ॥੧॥ਰਹਾਉ॥	(ਏਹ) ਇਹ ਲੋਕ, (ਓਹੁ) ਪਰਲੋਕ	Andhhai Naam Visaariaa Naa This Eaeh N Ouhu ||1|| Rehaao ||	The blind man has forgotten the Name; he is in limbo, neither here nor there. ||1||Pause||	ਪਰ ਇਸ ਚਾਰ ਦਿਨ ਦੀ ਖੇਡ ਵਿਚ ਅੰਨ੍ਹੇ ਹੋਏ ਮਨੁੱਖ ਨੇ ਪ੍ਰਭੂ ਦਾ ਨਾਮ ਵਿਸਾਰ ਦਿੱਤਾ ਹੈ, ਨਾਹ ਮਾਇਆ ਨਾਲ ਹੀ ਨਿਭਦੀ ਹੈ ਤੇ ਨਾਹ ਪ੍ਰਭੂ ਦਾ ਨਾਮ ਹੀ ਮਿਲਦਾ ਹੈ ॥੧॥ ਰਹਾਉ ॥
627	15	ਜੀਵਣ ਮਰਣਾ ਜਾਇ ਕੈ ਏਥੈ ਖਾਜੈ ਕਾਲਿ॥	(ਜੀਵਣ ਮਰਣਾ)ਆਤਮਕ ਜੀਵਨ ਤੋਂ ਮਰਨਾ ਅਥਵਾ ਜੀਵਨ ਤੋਂ ਮਰਨ ਤੱਕ, (ਜਾਇ)ਪੈਦਾ ਹੋ ਕੇ। (ਕਾਲਿ)ਸਮੇਂ। ਖੱਾਜੈ	Jeevan Maranaa Jaae Kai Eaethhai Khaajai Kaal ||	Life and death come to all who are born. Everything here gets devoured by Death.	ਜਗਤ ਵਿਚ ਜਨਮ ਲੈ ਕੇ ਜੰਮਣ ਤੋਂ ਮਰਨ ਤਕ ਸਾਰੀ ਉਮਰ (ਮਨੁੱਖ) ਖਾਣ ਦੇ ਪਦਾਰਥ ਇਕੱਠੇ ਕਰਨ ਵਿੱਚ ਦੇ ਆਹਰ ਵਿੱਚ ਰੁੱਝਿਆ ਰਹਿੰਦਾ ਹੈ।
628	15	ਜਿਥੈ ਬਹਿ ਸਮਝਾਈਐ ਤਿਥੈ ਕੋਇ ਨ ਚਲਿਓ ਨਾਲਿ॥	ਜਿੱਥੈ। ਤਿੱਥੈ। ਚੱਲਿਓ	Jithhai Behi Samajhaaeeai Thithhai Koe N Chaliou Naal ||	He sits and examines the accounts, there where no one goes along with anyone.	(ਜਿਨ੍ਹਾਂ ਦੀ ਖ਼ਾਤਰ ਇਹ ਦੌੜ ਭੱਜ ਕਰਦਾ ਹੈ, ਉਹਨਾਂ ਵਿਚੋਂ) ਕੋਈ ਭੀ ਉਹ ਥਾਂ ਤਕ ਸਾਥ ਨਹੀਂ ਨਿਬਾਹੁੰਦਾ, ਜਿਥੇ ਇਸ ਨੂੰ (ਸਾਰੀ ਜ਼ਿੰਦਗੀ ਵਿਚ ਕੀਤੇ ਕੰਮਾਂ ਦਾ ਲੇਖਾ) ਸਮਝਾਇਆ ਜਾਂਦਾ ਹੈ।
629	15	ਰੋਵਣ ਵਾਲੇ ਜੇਤੜੇ ਸਭਿ ਬੰਨਹਿ ਪੰਡ ਪਰਾਲਿ॥੨॥	(ਪਰਾਲਿ) ਪਰਾਲ਼ੀ ਵਾਂਗ ਵਿਅਰਥ ਔਗਣਾਂ ਪਾਪਾਂ ਦੀ ਪੰਡ (ਬੰਨ੍ਹਿ)ਬੰਨ੍ ਕੇ ਹਰ ਸਮੇਂ ਅਪਣੇ ਸਿਰ ਤੇ ਚੁੱਕੀ ਫਿਰਦੇ ਹਨ। ਜੇੱਤੜੇ	Rovan Vaalae Jaetharrae Sabh Bannehi Pandd Paraal ||2||	Those who weep and wail might just as well all tie bundles of straw. ||2||	(ਇਸ ਦੇ ਮਰਨ ਪਿਛੋਂ) ਇਸ ਨੂੰ ਰੋਣ ਵਾਲੇ ਸਾਰੇ ਹੀ ਸੰਬੰਧੀ (ਇਸ ਦੇ ਭਾ ਦੀਆਂ), ਪਰਾਲੀ ਦੀਆਂ ਪੰਡਾਂ ਪਏ ਚੁੱਕਦੇ ਹਨ (ਕਿਉਂਕਿ ਮਰਨ ਵਾਲੇ ਨੂੰ ਕੋਈ ਲਾਭ ਨਹੀਂ ਹੁੰਦਾ) ॥੨॥

630	15	ਸਭੁ ਕੋ ਆਖੈ ਬਹੁਤੁ ਬਹੁਤੁ ਘਟਿ ਨ ਆਖੈ ਕੋਇ॥	ਬਹੁਤੁ: ਬੱਬਾ ਮੁਕਤਾ ਬੋਲੋ, ਕਨੌੜਾ ਨ ਲਾਉ, ਬੌਹੁਤੁ ਨ ਬੋਲੋ। ਘੱਟਿ	Sabh Ko Aakhai Bahuth Bahuth Ghatt N Aakhai Koe ||	Everyone says that God is the Greatest of the Great. No one calls Him any less.	(ਹੇ ਪ੍ਰਭੂ!) ਹਰੇਕ ਜੀਵ (ਤੈਨੂੰ) ਬਹੁਤ ਬਹੁਤ ਧਨ ਵਾਸਤੇ ਹੀ ਆਖਦਾ ਹੈ, ਕੋਈ ਭੀ ਥੋੜਾ ਨਹੀਂ ਮੰਗਦਾ, ਕਿਸੇ ਨੇ ਭੀ ਕਦੇ ਮੰਗਣ ਤੋਂ ਬੱਸ ਨਹੀਂ ਕੀਤੀ, ਮੰਗ ਮੰਗ ਕੇ ਕਦੇ ਕੋਈ ਭੀ ਰੱਜਿਆ ਨਹੀਂ (ਪਰ ਉਹ ਸਾਰਾ ਧਨ ਇਥੇ ਹੀ ਰਹਿ ਜਾਂਦਾ ਹੈ)।
631	15	ਕੀਮਤਿ ਕਿਨੈ ਨ ਪਾਈਆ ਕਹਣਿ ਨ ਵਡਾ ਹੋਇ॥		Keemath Kinai N Paaeeaa Kehan N Vaddaa Hoe ||	No one can estimate His Worth. By speaking of Him, His Greatness is not increased.	ਕਿਸੇ ਨੇ ਕਦੇ ਆਪਣੇ ਮੰਗਣ ਦੀ ਕੀਮਤ ਨਹੀਂ ਪਾਈ, ਮੰਗਣ ਦਾ ਹੱਦ-ਬੰਨਾ ਨਹੀਂ ਲੱਭਾ, ਬੱਸ ਨਹੀਂ ਕੀਤੀ। ਆਪਣੇ ਕਹਿਣ-ਅਨੁਸਾਰ ਕੋਈ ਵੱਡਾ ਨਹੀਂ ਬਣਿਆ, ਮੂੰਹੋਂ-ਮੰਗੇ ਧਨ ਨਾਲ ਕਦੇ ਕੋਈ ਰੱਜਿਆ ਨਹੀਂ।
632	15	ਸਾਚਾ ਸਾਹਬੁ ਏਕੁ ਤੂ ਹੋਰਿ ਜੀਆ ਕੇਤੇ ਲੋਅ॥੩॥	ਸਾਹਬੁ: ਹਾਹਾ ਮੁਕਤਾ, ਬੱਬੇ ਔਂਕੜ ਲਾਉ	Saachaa Saahab Eaek Thoo Hor Jeeaa Kaethae Loa ||3||	You are the One True Lord and Master of all the other beings, of so many worlds. ||3||	ਹੇ ਪ੍ਰਭੂ! ਇਕ ਤੂੰ ਹੀ ਸਦਾ ਕਾਇਮ ਰਹਿਣ ਵਾਲਾ ਖ਼ਾਲਕ ਹੈਂ, ਹੋਰ ਸਾਰੇ ਜੀਆ-ਜੰਤ ਹੋਰ ਸਾਰੇ ਜਗਤ ਮੰਡਲ-ਨਾਸਵੰਤ ਹਨ ॥੩॥
633	15	ਨੀਚਾ ਅੰਦਰਿ ਨੀਚ ਜਾਤਿ ਨੀਚੀ ਹੂ ਅਤਿ ਨੀਚੁ॥	ਨੀਚਾਂ	Neechaa Andhar Neech Jaath Neechee Hoo Ath Neech ||	Nanak seeks the company of the lowest of the low class, the very lowest of the low.	ਜੋ ਨੀਵੀਂ ਤੋਂ ਨੀਵੀਂ ਜਾਤਿ ਦੇ ਹਨ ਜੋ ਨੀਵਿਆਂ ਤੋਂ ਭੀ ਅਤਿ ਨੀਵੇਂ ਅਖਵਾਂਦੇ ਹਨ,

634	15	ਨਾਨਕੁ ਤਿਨ ਕੈ ਸੰਗਿ ਸਾਥਿ ਵਡਿਆ ਸਿਉ ਕਿਆ ਰੀਸ॥		Naanak Thin Kai Sang Saathh Vaddiaa Sio Kiaa Rees ||	Why should he try to compete with the great?	(ਹੇ ਪ੍ਰਭੂ! ਮੈਂ ਤੈਥੋਂ ਇਹੀ ਮੰਗਦਾ ਹਾਂ ਕਿ ਤੇਰਾ) ਨਾਨਕ ਉਹਨਾਂ ਬੰਦਿਆਂ ਨਾਲ ਸਾਥ ਬਣਾਏ। ਮੈਨੂੰ ਮਾਇਆ-ਧਾਰੀਆਂ ਦੇ ਰਾਹੇ ਤੁਰਨ ਦੀ ਕੋਈ ਤਾਂਘ ਨਹੀਂ
635	15	ਜਿਥੈ ਨੀਚ ਸਮਾਲੀਅਨਿ ਤਿਥੈ ਨਦਰਿ ਤੇਰੀ ਬਖਸੀਸ॥੪॥੩॥		Jithhai Neech Samaaleean Thithhai Nadhar Thaeree Bakhasees ||4||3||	In that place where the lowly are cared for- there, the Blessings of Your Glance of Grace rain down. ||4||3||	(ਕਿਉਂਕਿ ਮੈਨੂੰ ਪਤਾ ਹੈ ਕਿ) ਤੇਰੀ ਮਿਹਰ ਦੀ ਨਜ਼ਰ ਉਥੇ ਹੈ ਜਿਥੇ ਗ਼ਰੀਬਾਂ ਦੀ ਸਾਰ ਲਈ ਜਾਂਦੀ ਹੈ ॥੪॥੩॥
636	15	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
637	15	ਲਬੁ ਕੁਤਾ ਕੂੜੁ ਚੂਹੜਾ ਠਗਿ ਖਾਧਾ ਮੁਰਦਾਰੁ॥	ਧਨ, ਪਾਪ, ਵਿਕਾਰ, ਔਗੁਣਾਂ, ਖਾਣ ਦਾ (ਲੱਬੁ) ਲਾਲਚ ਕਰਨਾ ਕੁੱਤਾ ਸੁਭਾਵ ਹੈ। ਠੱਗਿ। ਖੱਾਧਾ।	Lab Kuthaa Koorr Chooharraa Thag Khaadhhaa Muradhaar ||	Greed is a dog; falsehood is a filthy street-sweeper. Cheating is eating a rotting carcass.	ਖਾਣ ਦਾ ਲਾਲਚ (ਮੇਰੇ ਅੰਦਰ) ਕੁੱਤਾ ਹੈ (ਜੋ ਹਰ ਵੇਲੇ ਖਾਣ ਨੂੰ ਮੰਗਦਾ ਹੈ ਭੌਂਕਦਾ ਹੈ), ਝੂਠ (ਬੋਲਣ ਦੀ ਵਾਦੀ ਮੇਰੇ ਅੰਦਰ) ਚੂਹੜਾ ਹੈ (ਜਿਸ ਨੇ ਮੈਨੂੰ ਬਹੁਤ ਨੀਵਾਂ ਕਰ ਦਿੱਤਾ ਹੈ), (ਦੂਜਿਆਂ ਨੂੰ) ਠੱਗ ਕੇ ਖਾਣਾ (ਮੇਰੇ ਅੰਦਰ) ਮੁਰਦਾਰ ਹੈ (ਜੋ ਸੁਆਰਥ ਦੀ ਬਦਬੂ ਵਧਾ ਰਿਹਾ ਹੈ)।

638	15	ਪਰ ਨਿੰਦਾ ਪਰ ਮਲੁ ਮੁਖ ਸੁਧੀ ਅਗਨਿ ਕ੍ਰੋਧੁ ਚੰਡਾਲੁ॥	(ਪਰ)ਪਰਾਈ। (ਮਲ)ਮੈਲ। (ਸੁੱਧੀ)ਨਿਰੀ	Par Nindhaa Par Mal Mukh Sudhhee Agan Krodhh Chanddaal ||	Slandering others is putting the filth of others into your own mouth. The fire of anger is the outcaste who burns dead bodies at the crematorium.	ਪਰਾਈ ਨਿੰਦਿਆ ਮੇਰੇ ਮੂੰਹ ਵਿਚ ਸਮੂਲਚੀ ਪਰਾਈ ਮੈਲ ਹੈ, ਕ੍ਰੋਧ-ਅੱਗ (ਮੇਰੇ ਅੰਦਰ) ਚੰਡਾਲ (ਬਣੀ ਪਈ ਹੈ),
639	15	ਰਸ ਕਸ ਆਪੁ ਸਲਾਹਣਾ ਏ ਕਰਮ ਮੇਰੇ ਕਰਤਾਰ॥੧॥	ਰਸ ਕਸ: ਪੋਲੇ ਬੋਲੋ	Ras Kas Aap Salaahanaa Eae Karam Maerae Karathaar ||1||	I am caught in these tastes and flavors, and in self-conceited praise. These are my actions, O my Creator! ||1||	ਮੈਨੂੰ ਕਈ ਚਸਕੇ ਹਨ, ਮੈਂ ਆਪਣੇ ਆਪ ਨੂੰ ਵਡਿਆਉਂਦਾ ਹਾਂ। ਹੇ ਮੇਰੇ ਕਰਤਾਰ! ਮੇਰੀਆਂ ਤਾਂ ਇਹ ਕਰਤੂਤਾਂ ਹਨ ॥੧॥
640	15	ਬਾਬਾ ਬੋਲੀਐ ਪਤਿ ਹੋਇ॥	ਪਤਿ:ਪੋਲਾ ਬੋਲੋ। (ਪਤਿ) ਪਤੀ,ਇੱਜ਼ਤ	Baabaa Boleeai Path Hoe ||	O Baba, speak only that which will bring you honor.	ਹੇ ਭਾਈ! ਉਹ ਬੋਲ ਬੋਲਣਾ ਚਾਹੀਦਾ ਹੈ (ਜਿਸ ਨਾਲ ਪ੍ਰਭੂ ਦੀ ਹਜ਼ੂਰੀ ਵਿਚ) ਇੱਜ਼ਤ ਮਿਲੇ।
641	15	ਊਤਮ ਸੇ ਦਰਿ ਊਤਮ ਕਹੀਅਹਿ ਨੀਚ ਕਰਮ ਬਹਿ ਰੋਇ॥੧॥ਰਹਾਉ॥		Ootham Sae Dhar Ootham Keheeahi Neech Karam Behi Roe ||1|| Rehaao ||	They alone are good, who are judged good at the Lord's Door. Those with bad karma can only sit and weep. ||1||Pause||	ਉਹੀ ਮਨੁੱਖ (ਅਸਲ ਵਿਚ) ਚੰਗੇ ਹਨ, ਜੋ ਪ੍ਰਭੂ ਦੀ ਹਜ਼ੂਰੀ ਵਿਚ ਚੰਗੇ ਆਖੇ ਜਾਂਦੇ ਹਨ, ਮੰਦ-ਕਰਮੀ ਬੰਦੇ ਬੈਠੇ ਝੁਰਦੇ ਹੀ ਹਨ ॥੧॥ ਰਹਾਉ ॥

642	15	ਰਸੁ ਸੁਇਨਾ ਰਸੁ ਰੁਪਾ ਕਾਮਣਿ ਰਸੁ ਪਰਮਲ ਕੀ ਵਾਸੁ॥	(ਰਸੁ) ਸੁਆਦ, ਪ੍ਰੀਤੀ। (ਕਾਮਣਿ)ਨਾਰੀ। (ਰੁਪਾ)ਚਾਂਦੀ। (ਪਰਮਲ)ਚੰਦਨ ਕੀ (ਵਾਸੁ)ਸੁਗੰਧੀ	Ras Sueinaa Ras Rupaa Kaaman Ras Paramal Kee Vaas ||	The pleasures of gold and silver, the pleasures of women, the pleasure of the fragrance of sandalwood,	ਸੋਨਾ ਚਾਂਦੀ (ਇਕੱਠਾ ਕਰਨ) ਦਾ ਚਸਕਾ, ਇਸਤ੍ਰੀ (ਭਾਵ, ਕਾਮ) ਦਾ ਚਸਕਾ, ਸੁਗੰਧੀਆਂ ਦੀ ਲਗਨ,
643	15	ਰਸੁ ਘੋੜੇ ਰਸੁ ਸੇਜਾ ਮੰਦਰ ਰਸੁ ਮੀਠਾ ਰਸੁ ਮਾਸੁ॥		Ras Ghorrae Ras Saejaa Mandhar Ras Meethaa Ras Maas ||	The pleasure of horses, the pleasure of a soft bed in a palace, the pleasure of sweet treats and the pleasure of hearty meals	ਘੋੜਿਆਂ (ਦੀ ਸਵਾਰੀ) ਦਾ ਸ਼ੌਕ, (ਨਰਮ ਨਰਮ) ਸੇਜਾਂ ਤੇ (ਸੋਹਣੇ) ਮਹਲ-ਮਾੜੀਆਂ ਦੀ ਲਾਲਸਾ, (ਸੁਆਦਲੇ) ਮਿੱਠੇ ਪਦਾਰਥ, ਤੇ ਮਾਸ (ਖਾਣ) ਦਾ ਚਸਕਾ,
644	15	ਏਤੇ ਰਸ ਸਰੀਰ ਕੇ ਕੈ ਘਟਿ ਨਾਮ ਨਿਵਾਸੁ॥੨॥	(ਘਟਿ)ਹਿਰਦਾ	Eaethae Ras Sareer Kae Kai Ghatt Naam Nivaas ||2||	-these pleasures of the human body are so numerous; how can the Naam, the Name of the Lord, find its dwelling in the heart? ||2||	ਜੇ ਮਨੁੱਖਾ ਸਰੀਰ ਨੂੰ ਇਤਨੇ ਚਸਕੇ ਲੱਗੇ ਹੋਏ ਹੋਣ, ਤਾਂ ਪਰਮਾਤਮਾ ਦੇ ਨਾਮ ਦਾ ਟਿਕਾਣਾ ਕਿਸ ਹਿਰਦੇ ਵਿਚ ਹੋ ਸਕਦਾ ਹੈ? ॥੨॥
645	15	ਜਿਤੁ ਬੋਲਿਐ ਪਤਿ ਪਾਈਐ ਸੋ ਬੋਲਿਆ ਪਰਵਾਣੁ॥		Jith Boliai Path Paaeeai So Boliaa Paravaan ||	Those words are acceptable, which, when spoken, bring honor.	ਉਹੀ ਬੋਲ ਬੋਲਿਆ ਹੋਇਆ ਸੁਚੱਜਾ ਹੈ ਜਿਸ ਦੇ ਬੋਲਣ ਨਾਲ (ਪ੍ਰਭੂ ਦੀ ਹਜ਼ੂਰੀ ਵਿਚ) ਆਦਰ ਮਿਲਦਾ ਹੈ।

646	15	ਫਿਕਾ ਬੋਲਿ ਵਿਗੁਚਣਾ ਸੁਣਿ ਮੂਰਖ ਮਨ ਅਜਾਣ॥	(ਵਿ-ਗੁੱਚਣਾ) ਖ਼ਰਾਬ ਹੋਣਾ। ਫਿੱਕਾ	Fikaa Bol Viguchanaa Sun Moorakh Man Ajaan ||	Harsh words bring only grief. Listen, O foolish and ignorant mind!	ਹੇ ਮੂਰਖ ਅੰਞਾਣ ਮਨ! ਸੁਣ, ਫਿੱਕਾ (ਨਾਮ-ਰਸ ਤੋਂ ਸੱਖਣਾ) ਬੋਲ ਬੋਲਿਆਂ ਖ਼ੁਆਰ ਹੋਈਦਾ ਹੈ (ਭਾਵ, ਜੇ ਸਾਰੀ ਉਮਰ ਨਿਰੀਆਂ ਉਹੀ ਗੱਲਾਂ ਕਰਦੇ ਰਹੀਏ ਜੇ ਪ੍ਰਭੂ ਦੀ ਯਾਦ ਤੋਂ ਖ਼ਾਲੀ ਹੋਣ ਤਾਂ ਦੁਖੀ ਹੀ ਰਹੀਦਾ ਹੈ)। ਪ੍ਰਭੂ ਭੀ ਸਿਫ਼ਤ-ਸਾਲਾਹ ਤੋਂ ਬਿਨਾ ਹੋਰ ਗੱਲਾਂ ਵਿਅਰਥ ਹਨ।
647	15	ਜੋ ਤਿਸੁ ਭਾਵਹਿ ਸੇ ਭਲੇ ਹੋਰਿ ਕਿ ਕਹਣ ਵਖਾਣ॥੩॥		Jo This Bhaavehi Sae Bhalae Hor K Kehan Vakhaan ||3||	Those who are pleasing to Him are good. What else is there to be said? ||3||	ਜੋ ਮਨੁੱਖ (ਪ੍ਰਭੂ ਦੀ ਸਿਫ਼ਤ-ਸਾਲਾਹ ਕਰ ਕੇ) ਉਸ ਪ੍ਰਭੂ ਨੂੰ ਪਿਆਰੇ ਲੱਗਦੇ ਹਨ, ਉਹੀ ਚੰਗੇ ਹਨ ॥੩॥
648	15	ਤਿਨ ਮਤਿ ਤਿਨ ਪਤਿ ਤਿਨ ਧਨੁ ਪਲੈ ਜਿਨ ਹਿਰਦੈ ਰਹਿਆ ਸਮਾਇ॥	(ਸਮਾਇ)ਮਿਲ ਰਹੇ ਹਨ। ਮੱਤਿ। ਪਤਿ: ਪੋਲਾ ਬੋਲੋ	Thin Math Thin Path Thin Dhhan Palai Jin Hiradhai Rehiaa Samaae ||	Wisdom, honor and wealth are in the laps of those whose hearts remain permeated with the Lord.	ਜਿਨ੍ਹਾਂ ਬੰਦਿਆਂ ਦੇ ਹਿਰਦੇ ਵਿਚ ਪ੍ਰਭੂ ਹਰ ਵੇਲੇ ਵੱਸ ਰਿਹਾ ਹੈ, ਉਹ ਅਕਲ ਵਾਲੇ ਹਨ, ਇੱਜ਼ਤ ਵਾਲੇ ਹਨ ਤੇ ਧਨ ਵਾਲੇ ਹਨ।
649	15	ਤਿਨ ਕਾ ਕਿਆ ਸਾਲਾਹਣਾ ਅਵਰ ਸੁਆਲਿਉ ਕਾਇ॥	(ਸੁਆਲਿਉ) ਸ਼ੋਭਾ, ਸੁੰਦਰ, ਸਲਾਹੁਣੇ ਯੋਗ। (ਕਾਇ)ਕਿਉਂ, ਕਿਸ ਨੂੰ, ਕੌਣ	Thin Kaa Kiaa Saalaahanaa Avar Suaalio Kaae ||	What praise can be offered to them? What other adornments can be bestowed upon them?	ਐਸੇ ਭਲੇ ਮਨੁੱਖਾਂ ਦੀ ਸਿਫ਼ਤਿ ਕੀਤੀ ਨਹੀਂ ਜਾ ਸਕਦੀ। ਉਹਨਾਂ ਵਰਗਾ ਸੋਹਣਾ ਹੋਰ ਕੌਣ ਹੈ?

650	15	ਨਾਨਕ ਨਦਰੀ ਬਾਹਰੇ ਰਾਚਹਿ ਦਾਨਿ ਨ ਨਾਇ॥੪॥੪॥	ਪ੍ਰਮਾਤਮਾ ਦੀ (ਨਦਰੀ) ਮਿਹਰ (ਬਾਹਰੇ)ਬਿਨਾ। (ਨਾਇ)ਨਾਮ ਜਪਣ ਜਪਾਉਣ ਚ ਨਹੀਂ (ਰਾਚਹਿ)ਰਚਦੇ	Naanak Nadharee Baaharae Raachehi Dhaan N Naae ||4||4||	O Nanak, those who lack the Lord's Glance of Grace cherish neither charity nor the Lord's Name. ||4||4||	ਹੇ ਨਾਨਕ! ਪ੍ਰਭੂ ਦੀ ਮਿਹਰ ਦੀ ਨਜ਼ਰ ਤੋਂ ਵਾਂਜੇ ਬੰਦੇ ਉਸ ਦੇ ਨਾਮ ਵਿਚ ਨਹੀਂ ਜੁੜਦੇ, ਉਸ ਦੇ ਦਿੱਤੇ ਧਨ ਪਦਾਰਥ ਵਿਚ ਮਸਤ ਰਹਿੰਦੇ ਹਨ ॥੪॥੪॥
651	15	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
652	15	ਅਮਲੁ ਗਲੋਲਾ ਕੂੜ ਕਾ ਦਿਤਾ ਦੇਵਣਹਾਰਿ॥	(ਅਮ-ਲੁ)ਨਸ਼ੇ ਦਾ (ਗਲੋਲਾ)ਗੋਲ਼ਾ। ਦੇਵਣ-ਹਾਰਿ	Amal Galolaa Koorr Kaa Dhithaa Dhaevanehaar ||	The Great Giver has given the intoxicating drug of falsehood.	ਦੇਣਹਾਰ ਪ੍ਰਭੂ ਨੇ ਆਪ ਹੀ ਜਗਤ ਦਾ ਮੋਹ-ਰੂਪ ਅਫੀਮ ਦਾ ਗੋਲਾ ਜੀਵ ਨੂੰ ਦਿੱਤਾ ਹੋਇਆ ਹੈ।
653	15	ਮਤੀ ਮਰਣੁ ਵਿਸਾਰਿਆ ਖੁਸੀ ਕੀਤੀ ਦਿਨ ਚਾਰਿ॥	(ਮੱਤੀ)ਆਪਣੀ ਮੱਤਿ ਚੋਂ ਅਥਵਾ ਔਗੁਣਾਂ ਉੱਗਰ ਪਾਪਾਂ ਦੀ (ਮੱਤੀ)ਮਸਤੀ ਚ	Mathee Maran Visaariaa Khusee Keethee Dhin Chaar ||	The people are intoxicated; they have forgotten death, and they have fun for a few days.	(ਇਸ ਮੋਹ-ਅਫੀਮ ਨੂੰ ਖਾ ਕੇ) ਮਸਤ ਹੋਈ ਜਿੰਦ ਨੇ ਮੌਤ ਭੁਲਾ ਦਿੱਤੀ ਹੈ, ਚਾਰ ਦਿਨ ਜ਼ਿੰਦਗੀ ਵਿਚ ਰੰਗ-ਰਲੀਆਂ ਮਾਣ ਰਹੀ ਹੈ।
654	15	ਸਚੁ ਮਿਲਿਆ ਤਿਨ ਸੋਫੀਆ ਰਾਖਣ ਕਉ ਦਰਵਾਰੁ॥੧॥	ਜੂਠ, ਝੂਠ, ਜ਼ੋਰ, ਜ਼ੁਲਮ, ਪਾਪ, ਵਿਕਾਰ, ਭੈੜੇ ਨਸ਼ੇ ਰਹਿਤ ਸੋਫ਼ੀਆਂ ਨੂੰ	Sach Miliaa Thin Sofeeaa Raakhan Ko Dharavaar ||1||	Those who do not use intoxicants are true; they dwell in the Court of the Lord. ||1||	ਜਿਨ੍ਹਾਂ ਨੇ ਮੋਹ-ਨਸ਼ਾ ਛੱਡ ਕੇ ਪਰਮਾਤਮਾ ਦਾ ਦਰ ਮੱਲਣ ਦਾ ਆਹਰ ਕੀਤਾ, ਉਹਨਾਂ ਨੂੰ ਸਦਾ-ਥਿਰ ਰਹਿਣ ਵਾਲਾ ਪ੍ਰਭੂ ਮਿਲ ਪਿਆ ॥੧॥
655	15	ਨਾਨਕ ਸਾਚੇ ਕਉ ਸਚੁ ਜਾਣੁ॥		Naanak Saachae Ko Sach Jaan ||	O Nanak, know the True Lord as True.	ਹੇ ਨਾਨਕ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ ਸੱਚੀ ਸਾਂਝ ਬਣਾ,

656	15	ਜਿਤੁ ਸੇਵਿਐ ਸੁਖੁ ਪਾਈਐ ਤੇਰੀ ਦਰਗਹ ਚਲੈ ਮਾਣੁ॥੧॥ਰਹਾਉ॥		Jith Saeviai Sukh Paaeeai Thaeree Dharageh Chalai Maan ||1|| Rehaao ||	Serving Him, peace is obtained; you shall go to His Court with honor. ||1||Pause||	ਜਿਸ ਦਾ ਸਿਮਰਨ ਕੀਤਿਆਂ ਸੁਖ ਮਿਲਦਾ ਹੈ (ਤੇ ਅਰਦਾਸ ਕਰ ਕਿ ਹੇ ਪ੍ਰਭੂ! ਆਪਣਾ ਨਾਮ ਦੇਹ ਜਿਸ ਕਰਕੇ) ਤੇਰੀ ਹਜ਼ੂਰੀ ਵਿਚ ਆਦਰ ਮਿਲ ਸਕੇ ॥੧॥ ਰਹਾਉ ॥
657	15	ਸਚੁ ਸਰਾ ਗੁੜ ਬਾਹਰਾ ਜਿਸੁ ਵਿਚਿ ਸਚਾ ਨਾਉ॥	ਸੱਚੁ ਰੂਪੀ (ਸਰਾ)ਸ਼ਰਾਬ	Sach Saraa Gurr Baaharaa Jis Vich Sachaa Naao ||	The Wine of Truth is not fermented from molasses. The True Name is contained within it.	ਸਦਾ ਦੀ ਮਸਤੀ ਕਾਇਮ ਰੱਖਣ ਵਾਲਾ ਸ਼ਰਾਬ ਗੁੜ ਤੋਂ ਬਿਨਾ ਹੀ ਤਿਆਰ ਕਰੀਦਾ ਹੈ, ਉਸ (ਸ਼ਰਾਬ) ਵਿਚ ਪ੍ਰਭੂ ਦਾ ਨਾਮ ਹੁੰਦਾ ਹੈ (ਪ੍ਰਭੂ ਦਾ ਨਾਮ ਹੀ ਸ਼ਰਾਬ ਹੈ ਜੋ ਦੁਨੀਆ ਵਲੋਂ ਬੇ-ਪਰਵਾਹ ਕਰ ਦੇਂਦਾ ਹੈ)।
658	16	ਸੁਣਹਿ ਵਖਾਣਹਿ ਜੇਤੜੇ ਹਉ ਤਿਨ ਬਲਿਹਾਰੈ ਜਾਉ॥		Sunehi Vakhaanehi Jaetharrae Ho Thin Balihaarai Jaao ||	I am a sacrifice to those who hear and chant the True Name.	ਮੈਂ ਉਹਨਾਂ ਬੰਦਿਆਂ ਤੋਂ ਸਦਕੇ ਹਾਂ ਜੋ ਪ੍ਰਭੂ ਦਾ ਨਾਮ ਸੁਣਦੇ ਤੇ ਉਚਾਰਦੇ ਹਨ।
659	16	ਤਾ ਮਨੁ ਖੀਵਾ ਜਾਣੀਐ ਜਾ ਮਹਲੀ ਪਾਏ ਥਾਉ॥੨॥	(ਖੀਵਾ)ਮਸਤ। ਮਹਲੀ: ਮ ਤੇ ਹ ਮੁਕਤੇ ਬੋਲ ਕੇ, ਲੱਲੇ ਬਿਹਾਰੀ ਬੋਲੋ, ਹਾਹੇ ਸਿਹਾਰੀ ਨਹੀਂ ਬੋਲਣੀ, ਮੈਹਲੀ ਨਹੀ ਉਚਾਰਨਾ	Thaa Man Kheevaa Jaaneeai Jaa Mehalee Paaeae Thhaao ||2||	Only one who obtains a room in the Mansion of the Lord's Presence is deemed to be truly intoxicated. ||2||	ਮਨ ਨੂੰ ਤਦੋਂ ਹੀ ਮਸਤ ਹੋਇਆ ਜਾਣੋ, ਜਦੋਂ ਇਹ ਪ੍ਰਭੂ ਦੀ ਯਾਦ ਵਿਚ ਟਿਕ ਜਾਏ (ਤੇ, ਮਨ ਟਿਕਦਾ ਹੈ ਸਿਮਰਨ ਦੀ ਬਰਕਤਿ ਨਾਲ) ॥੨॥

660	16	ਨਾਉ ਨੀਰੁ ਚੰਗਿਆਈਆ ਸਤੁ ਪਰਮਲੁ ਤਨਿ ਵਾਸੁ॥	(ਨਾਉ)ਨਾਮ। (ਨੀਰੁ)ਪਾਣੀ। (ਸੱਤੁ)ਸੱਚੁ	Naao Neer Changiaaeeaa Sath Paramal Than Vaas ||	Bathe in the waters of Goodness and apply the scented oil of Truth to your body,	ਪ੍ਰਭੂ ਦਾ ਨਾਮ ਤੇ ਸਿਫ਼ਤ-ਸਾਲਾਹ ਹੀ (ਮੂੰਹ ਉਜਲਾ ਕਰਨ ਲਈ) ਪਾਣੀ ਹੈ, ਤੇ (ਸਿਫ਼ਤ-ਸਾਲਾਹ ਦੀ ਬਰਕਤਿ ਨਾਲ ਬਣਿਆ ਹੋਇਆ) ਸੁੱਚਾ ਆਚਰਨ ਸਰੀਰ ਉਤੇ ਲਾਣ ਲਈ ਸੁਗੰਧੀ ਹੈ।
661	16	ਤਾ ਮੁਖੁ ਹੋਵੈ ਉਜਲਾ ਲਖ ਦਾਤੀ ਇਕ ਦਾਤਿ॥	ਉੱਜਲਾ ਲੱਖ ਦੱਾਤੀਂ	Thaa Mukh Hovai Oujalaa Lakh Dhaathee Eik Dhaath ||	And your face shall become radiant. This is the gift of 100,000 gifts.	ਪਰਮਾਤਮਾ ਦਾ ਨਾਮ ਤੇ ਸਿਫ਼ਤ-ਸਾਲਾਹ ਹੋਰ ਸਭ ਦਾਤਾਂ ਨਾਲੋਂ ਵਧੀਆ ਦਾਤ ਹੈ, ਸਿਫ਼ਤ-ਸਾਲਾਹ ਨਾਲ ਹੀ ਮਨੁੱਖ ਦਾ ਮੂੰਹ ਸੋਹਣਾ ਲੱਗਦਾ ਹੈ।
662	16	ਦੂਖ ਤਿਸੈ ਪਹਿ ਆਖੀਅਹਿ ਸੂਖ ਜਿਸੈ ਹੀ ਪਾਸਿ॥੩॥		Dhookh Thisai Pehi Aakheeahi Sookh Jisai Hee Paas ||3||	Tell your troubles to the One who is the Source of all comfort. ||3||	ਦੁੱਖਾਂ ਦੀ (ਨਿਵਿਰਤੀ) ਤੇ ਸੁੱਖਾਂ ਦੀ (ਪ੍ਰਾਪਤੀ) ਦੀ ਅਰਜ਼ੋਈ ਪਰਮਾਤਮਾ ਅੱਗੇ ਹੀ ਕਰਨੀ ਚਾਹੀਦੀ ਹੈ ॥੩॥
663	16	ਸੋ ਕਿਉ ਮਨਹੁ ਵਿਸਾਰੀਐ ਜਾ ਕੇ ਜੀਅ ਪਰਾਣ॥		So Kio Manahu Visaareeai Jaa Kae Jeea Paraan ||	How can you forget the One who created your soul, and the praanaa, the breath of life?	ਜਿਸ ਪ੍ਰਭੂ ਦੀ ਬਖ਼ਸ਼ੀ ਹੋਈ ਇਹ ਜਿੰਦ-ਜਾਨ ਹੈ, ਉਸ ਨੂੰ ਕਦੇ ਮਨ ਤੋਂ ਭੁਲਾਣਾ ਨਹੀਂ ਚਾਹੀਦਾ।
664	16	ਤਿਸੁ ਵਿਣੁ ਸਭੁ ਅਪਵਿਤ੍ਰੁ ਹੈ ਜੇਤਾ ਪੈਨਣੁ ਖਾਣੁ॥		This Vin Sabh Apavithra Hai Jaethaa Painan Khaan ||	Without Him, all that we wear and eat is impure.	ਪ੍ਰਭੂ ਨੂੰ ਵਿਸਾਰਿਆਂ ਖਾਣ ਪਹਿਨਣ ਦਾ ਸਾਰਾ ਹੀ ਉੱਦਮ ਮਨ ਨੂੰ ਹੋਰ ਹੋਰ ਮਲੀਨ ਕਰਦਾ ਹੈ,

665	16	ਹੋਰਿ ਗਲਾਂ ਸਭਿ ਕੂੜੀਆ ਤੁਧੁ ਭਾਵੈ ਪਰਵਾਣੁ॥੪॥੫॥		Hor Galaan Sabh Koorreeaa Thudhh Bhaavai Paravaan ||4||5||	Everything else is false. Whatever pleases Your Will is acceptable. ||4||5||	(ਕਿਉਂਕਿ) ਹੋਰ ਸਾਰੀਆਂ ਗੱਲਾਂ (ਮਨ ਨੂੰ) ਨਾਸਵੰਤ ਸੰਸਾਰ ਦੇ ਮੋਹ ਵਿਚ ਫਸਾਂਦੀਆਂ ਹਨ। (ਹੇ ਪ੍ਰਭੂ!) ਉਹੀ ਉੱਦਮ ਸੁਚੱਜਾ ਹੈ ਜੋ ਤੇਰੇ ਨਾਲ ਪ੍ਰੀਤ ਬਣਾਂਦਾ ਹੈ ॥੪॥੫॥{15-16}
666	16	ਸਿਰੀਰਾਗੁ ਮਹਲੁ ੧॥		Sireeraag Mehal 1 ||	Siree Raag, First Mehl:	
667	16	ਜਾਲਿ ਮੋਹੁ ਘਸਿ ਮਸੁ ਕਰਿ ਮਤਿ ਕਾਗਦੁ ਕਰਿ ਸਾਰੁ॥	(ਘਸਿ)ਘਸਾ ਕੇ। (ਮੱਸੁ)ਸਿਆਹੀ। (ਸਾਰੁ)ਸ੍ਰੇਸਟ। ਮਹੱਲੁ	Jaal Mohu Ghas Mas Kar Math Kaagadh Kar Saar ||	Burn emotional attachment, and grind it into ink. Transform your intelligence into the purest of paper.	(ਹੇ ਭਾਈ! ਮਾਇਆ ਦਾ) ਮੋਹ ਸਾੜ ਕੇ (ਉਸ ਨੂੰ) ਘਸਾ ਕੇ ਸਿਆਹੀ ਬਣਾ ਤੇ (ਆਪਣੀ) ਅਕਲ ਨੂੰ ਸੋਹਣਾ ਕਾਗ਼ਜ਼ ਬਣਾ।
668	16	ਭਾਉ ਕਲਮ ਕਰਿ ਚਿਤੁ ਲੇਖਾਰੀ ਗੁਰ ਪੁਛਿ ਲਿਖੁ ਬੀਚਾਰੁ॥	(ਭਾਉ)ਪ੍ਰੇਮ। ਚਿੱਤੁ। ਪੁੱਛਿ	Bhaao Kalam Kar Chith Laekhaaree Gur Pushh Likh Beechaar ||	Make the love of the Lord your pen, and let your consciousness be the scribe. Then, seek the Guru's Instructions, and record these deliberations.	ਪ੍ਰੇਮ ਨੂੰ ਕਲਮ, ਤੇ ਆਪਣੇ ਮਨ ਨੂੰ ਲਿਖਾਰੀ ਬਣਾ। ਗੁਰੂ ਦੀ ਸਿਖਿਆ ਲੈ ਕੇ (ਪਰਮਾਤਮਾ ਦੇ ਗੁਣਾਂ ਦੀ) ਵਿਚਾਰ ਕਰਨੀ ਲਿਖ।

669	16	ਲਿਖੁ ਨਾਮੁ ਸਾਲਾਹ ਲਿਖੁ ਲਿਖੁ ਅੰਤੁ ਨ ਪਾਰਾਵਾਰੁ॥੧॥		Likh Naam Saalaah Likh Likh Anth N Paaraavaar ||1||	Write the Praises of the Naam, the Name of the Lord; write over and over again that He has no end or limitation. ||1||	ਪ੍ਰਭੂ ਦਾ ਨਾਮ ਲਿਖ, ਪ੍ਰਭੂ ਦੀ ਸਿਫ਼ਤ-ਸਾਲਾਹ ਲਿਖ, ਇਹ ਲਿਖ ਕਿ ਪ੍ਰਭੂ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਪਾਰਲਾ-ਉਰਲਾ ਬੰਨਾ ਨਹੀਂ ਲੱਭ ਸਕਦਾ ॥੧॥
670	16	ਬਾਬਾ ਏਹੁ ਲੇਖਾ ਲਿਖਿ ਜਾਣੁ॥		Baabaa Eaehu Laekhaa Likh Jaan ||	O Baba, write such an account,	ਹੇ ਭਾਈ! ਇਹ ਲੇਖਾ ਲਿਖਣ ਦੀ ਜਾਚ ਸਿੱਖ।
671	16	ਜਿਥੈ ਲੇਖਾ ਮੰਗੀਐ ਤਿਥੈ ਹੋਇ ਸਚਾ ਨੀਸਾਣੁ॥੧॥ਰਹਾਉ॥	(ਨੀਸਾਣੁ) ਪਰਵਾਨਾ	Jithhai Laekhaa Mangeeai Thithhai Hoe Sachaa Neesaan ||1|| Rehaao ||	That when it is asked for, it will bring the Mark of Truth. ||1||Pause||	ਜਿਸ ਥਾਂ (ਜ਼ਿੰਦਗੀ ਵਿਚ ਕੀਤੇ ਕੰਮਾਂ ਦਾ) ਹਿਸਾਬ ਮੰਗਿਆ ਜਾਂਦਾ ਹੈ, ਉਥੇ ਇਹ ਲੇਖਾ ਸੱਚੀ ਰਾਹਦਾਰੀ ਬਣਦਾ ਹੈ ॥੧॥ ਰਹਾਉ ॥
672	16	ਜਿਥੈ ਮਿਲਹਿ ਵਡਿਆਈਆ ਸਦ ਖੁਸੀਆ ਸਦ ਚਾਉ॥		Jithhai Milehi Vaddiaaeeaa Sadh Khuseeaa Sadh Chaao ||	There, where greatness, eternal peace and everlasting joy are bestowed,	ਜਿੱਥੇ ਉਹਨਾਂ ਨੂੰ ਵਡਿਆਈਆਂ ਮਿਲਦੀਆਂ ਹਨ, ਉਹਨਾਂ ਨੂੰ ਸਦਾ ਦੀਆਂ ਖੁਸ਼ੀਆਂ ਤੇ ਆਤਮ ਹੁਲਾਰੇ ਮਿਲਦੇ ਹਨ।
673	16	ਤਿਨ ਮੁਖਿ ਟਿਕੇ ਨਿਕਲਹਿ ਜਿਨ ਮਨਿ ਸਚਾ ਨਾਉ॥	(ਮੁਖਿ) ਮਸਤਕਿ ਤੇ ਜਸ ਰੂਪ (ਟਿੱਕੇ) ਤਿਲਕ (ਨਿੱਕਲ-ਹਿ) ਲੱਗਦੇ ਹਨ	Thin Mukh Ttikae Nikalehi Jin Man Sachaa Naao ||	The faces of those whose minds are attuned to the True Name are anointed with the Mark of Grace.	ਜਿਨ੍ਹਾਂ ਮਨੁੱਖਾਂ ਦੇ ਮਨ ਵਿਚ (ਪ੍ਰਭੂ ਦਾ) ਸਦਾ-ਥਿਰ ਨਾਮ ਵੱਸਦਾ ਹੈ (ਲੇਖਾ ਮੰਗਣ ਵਾਲੇ ਥਾਂ) ਉਹਨਾਂ ਦੇ ਮੂੰਹ ਉਤੇ ਟਿੱਕੇ ਲੱਗਦੇ ਹਨ,

674	16	ਕਰਮਿ ਮਿਲੈ ਤਾ ਪਾਈਐ ਨਾਹੀ ਗਲੀ ਵਾਉ ਦੁਆਉ॥੨॥	(ਕਰਮਿ) ਮਿਹਰ। (ਵਾਉ ਦੁਆਉ)ਬਿਅਰਥ ਅਸੀਸ, (ਗੱਲੀਂ)ਗੱਲਾਂ	Karam Milai Thaa Paaeeai Naahee Galee Vaao Dhuaao ||2||	If one receives God's Grace, then such honors are received, and not by mere words. ||2||	ਪਰ ਪ੍ਰਭੂ ਦਾ ਨਾਮ ਪ੍ਰਭੂ ਦੀ ਮਿਹਰ ਨਾਲ ਮਿਲਦਾ ਹੈ, ਹਵਾਈ ਫ਼ਜ਼ੂਲ ਗੱਲਾਂ ਨਾਲ ਨਹੀਂ ਮਿਲਦਾ ॥੨॥
675	16	ਇਕਿ ਆਵਹਿ ਇਕਿ ਜਾਹਿ ਉਠਿ ਰਖੀਅਹਿ ਨਾਵ ਸਲਾਰ॥	(ਸਲਾਰ)ਸਰਦਾਰ। ਇਕਿ: ਕੱਕੇ ਸਿਹਾਰੀ ਬੋਲੋ	Eik Aavehi Eik Jaahi Outh Rakheeahi Naav Salaar ||	Some come, and some arise and depart. They give themselves lofty names.	(ਸੰਸਾਰ ਵਿਚ) ਬੇਅੰਤ ਜੀਵ ਆਉਂਦੇ ਹਨ (ਤੇ ਜੀਵਨ-ਸਫ਼ਰ ਮੁਕਾ ਕੇ ਇਥੋਂ) ਕੂਚ ਕਰ ਜਾਂਦੇ ਹਨ, (ਕਈਆਂ ਦੇ) ਸਰਦਾਰ (ਆਦਿਕ ਵੱਡੇ ਵੱਡੇ) ਨਾਮ ਰੱਖੀਦੇ ਹਨ।
676	16	ਇਕਿ ਉਪਾਏ ਮੰਗਤੇ ਇਕਨਾ ਵਡੇ ਦਰਵਾਰ॥	(ਉਪਾਏ)ਪੈਦਾ ਕੀਤੇ	Eik Oupaaeae Mangathae Eikanaa Vaddae Dharavaar ||	Some are born beggars, and some hold vast courts.	ਕਈ (ਜਗਤ ਵਿਚ) ਮੰਗਤੇ ਹੀ ਜੰਮੇ, ਕਈਆਂ ਦੇ ਵੱਡੇ ਵੱਡੇ ਦਰਬਾਰ ਲੱਗਦੇ ਹਨ।
677	16	ਅਗੈ ਗਇਆ ਜਾਣੀਐ ਵਿਣੁ ਨਾਵੈ ਵੇਕਾਰ॥੩॥	ਗ-ਇਆ: ਗੱਗਾ ਮੁਕਤਾ ਬੋਲੋ, ਗਿਆ ਨਹੀ ਉਚਾਰਨਾ	Agai Gaeiaa Jaaneeai Vin Naavai Vaekaar ||3||	Going to the world hereafter, everyone shall realize that without the Name, it is all useless. ||3||	(ਪਰ ਦਰਬਾਰਾਂ ਵਾਲੇ ਸਰਦਾਰ ਹੋਣ ਚਾਹੇ ਕੰਗਾਲ ਹੋਣ) ਜੀਵਨ-ਸਫ਼ਰ ਮੁਕਾਇਆਂ ਸਮਝ ਆਉਂਦੀ ਹੈ ਕਿ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ (ਇਹ ਸਭ) ਜੀਵਨ ਵਿਅਰਥ (ਗੰਵਾ ਜਾਂਦੇ ਹਨ) ॥੩॥

678	16	ਭੈ ਤੇਰੈ ਡਰੁ ਅਗਲਾ ਖਪਿ ਖਪਿ ਛਿਜੈ ਦੇਹ॥	ਅਗਲਾ:ਪੋਲਾ ਬੋਲੋ ਮਿਲਵਾਂ। (ਅਗਲਾ)ਬਹੁਤਾ। (ਖਪਿ)ਪਲਚ ਕੇ। (ਛਿੱਜੈ)ਨਾਸ। ਖਪਿ ਖਪਿ: ਪੋਲੇ ਬੋਲੋ	Bhai Thaerai Ddar Agalaa Khap Khap Shhijai Dhaeh ||	I am terrified by the Fear of You, God. Bothered and bewildered, my body is wasting away.	(ਹੇ ਪ੍ਰਭੂ!) ਤੈਥੋਂ ਦੂਰ ਦੂਰ ਰਿਹਾਂ ਸੰਸਾਰ ਦਾ ਤੌਖ਼ਲਾ ਬਹੁਤ ਵਿਆਪਦਾ ਹੈ, (ਇਸ ਤੌਖ਼ਲੇ ਵਿਚ) ਖਿੱਝ ਖਿੱਝ ਕੇ ਸਰੀਰ ਭੀ ਢਹਿੰਦਾ ਜਾਂਦਾ ਹੈ,
679	16	ਨਾਵ ਜਿਨਾ ਸੁਲਤਾਨ ਖਾਨ ਹੋਦੇ ਡਿਠੇ ਖੇਹ॥	ਜਿਨ੍ਹਾਂ। ਡਿੱਠੇ	Naav Jinaa Sulathaan Khaan Hodhae Ddithae Khaeh ||	Those who are known as sultans and emperors shall be reduced to dust in the end.	(ਤੇਰੀ ਯਾਦ ਤੋਂ ਬਿਨਾ ਮਾਇਆ ਦਾ ਭੀ ਕੀਹ ਮਾਣ?) ਜਿਨ੍ਹਾਂ ਦੇ ਨਾਮ ਖ਼ਾਨ ਸੁਲਤਾਨ ਕਰ ਕੇ ਵੱਜਦੇ ਹਨ ਸਭ (ਇਥੇ ਹੀ) ਮਿੱਟੀ ਵਿਚ ਮਿਲ ਜਾਂਦੇ ਹਨ।
680	16	ਨਾਨਕ ਉਠੀ ਚਲਿਆ ਸਭਿ ਕੂੜੇ ਤੁਟੇ ਨੇਹ॥੪॥੬॥	(ਨੇਹ)ਪ੍ਰੇਮ। ਉੱਠੀ। ਚੱਲਿਆ। ਤੁੱਟੇ	Naanak Outhee Chaliaa Sabh Koorrae Thuttae Naeh ||4||6||	O Nanak, arising and departing, all false attachments are cut away. ||4||6||	ਹੇ ਨਾਨਕ! (ਆਖਜਗਤ ਤੋਂ ਤੁਰਨ ਵੇਲੇ ਸਾਰੇ ਝੂਠੇ ਮੋਹ-ਪਿਆਰ ਮੁੱਕ ਜਾਂਦੇ ਹਨ) ॥੪॥੬॥
681	16	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	

682	16	ਸਭਿ ਰਸ ਮਿਠੇ ਮੰਨਿਐ ਸੁਣਿਐ ਸਾਲੋਣੇ॥	ਮਿੱਠੇ	Sabh Ras Mithae Manniai Suniai Saalonae ||	Believing, all tastes are sweet. Hearing, the salty flavors are tasted;	ਜੇ ਮਨ ਪ੍ਰਭੂ ਦੀ ਯਾਦ ਵਿਚ ਪਰਚ ਜਾਏ, ਤਾਂ ਇਸ ਨੂੰ (ਦੁਨੀਆ ਦੇ) ਸਾਰੇ ਮਿੱਠੇ ਸੁਆਦ ਵਾਲੇ ਪਦਾਰਥ ਸਮਝੋ। ਜੇ ਸੁਰਤ ਹਰੀ ਦੇ ਨਾਮ ਵਿਚ ਜੁੜਨ ਲੱਗ ਪਏ, ਤਾਂ ਇਸ ਨੂੰ ਲੂਣ ਵਾਲੇ ਪਦਾਰਥ ਜਾਣੋ।
683	16	ਖਟਤੁਰਸੀ ਮੁਖਿ ਬੋਲਣਾ ਮਾਰਣ ਨਾਦ ਕੀਏ॥	(ਖਟ-ਤੁਰਸੀ) ਖਟਿਆਈ ਨਾਲ ਮਿਲੇ ਛੇ ਰਸਾਂ ਦਾ ਸੁਆਦ, ਪ੍ਰਮਾਤਮਾ ਦੀ ਸਿਫਤ ਸਲਾਹ ਮੁਖਿ ਤੋਂ ਬੋਲਣਾ ਕੀਤੀ ਹੈ ਅਤੇ ਘਟ ਘਟ ਚੋਂ ਪ੍ਰਮਤਮਾ ਦੇ ਅਜਪਾ ਜਾਪ ਦੀ (ਨਾਦ) ਧੁਨ ਸੁਨਣੀ (ਮਾਰਣ) ਮਸਾਲੇ ਵਾਲੇ ਭੋਜਨ (ਕੀਏ) ਕੀਤੇ	Khatt Thurasee Mukh Bolanaa Maaran Naadh Keeeae ||	Chanting with one's mouth, the spicy flavors are savored. All these spices have been made from the Sound-current of the Naad.	ਮੂੰਹ ਨਾਲ ਪ੍ਰਭੂ ਦਾ ਨਾਮ ਉਚਾਰਨਾ ਖੱਟੇ ਸੁਆਦ ਵਾਲੇ ਪਦਾਰਥ ਸਮਝੋ। ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਕੀਰਤਨ ਮਸਾਲੇ ਜਾਣੋ।
684	16	ਛਤੀਹ ਅੰਮ੍ਰਿਤ ਭਾਉ ਏਕੁ ਜਾ ਕਉ ਨਦਰਿ ਕਰੇਇ॥੧॥	ਕਰੇ-ਇ: ਲਾਂ ਲੰਬੀ ਸਿਹਾਰੀ ਸੰਕੋਚ ਕੇ ਬੋਲੋ, ਕਰੇ ਕਹਿ ਕੇ ਛੱਡ ਨਹੀ ਦੇਣਾ	Shhatheeh Anmrith Bhaao Eaek Jaa Ko Nadhar Karaee ||1||	The thirty-six flavors of ambrosial nectar are in the Love of the One Lord; they are tasted only by one who is blessed by His Glance of Grace. ||1||	ਪਰਮਾਤਮਾ ਨਾਲ ਇਕ-ਰਸ ਪ੍ਰੇਮ ਛੱਤੀ ਕਿਸਮਾਂ ਦੇ ਸੁਆਦਲੇ ਭੋਜਨ ਹਨ। (ਪਰ ਇਹ ਉੱਚੀ ਦਾਤ ਉਸੇ ਨੂੰ ਮਿਲਦੀ ਹੈ) ਜਿਸ ਉਤੇ (ਪ੍ਰਭੂ ਮਿਹਰ ਦੀ) ਨਜ਼ਰ ਕਰਦਾ ਹੈ ॥੧॥

685	16	ਬਾਬਾ ਹੋਰੁ ਖਾਣਾ ਖੁਸੀ ਖੁਆਰੁ॥	ਹੋਰ ਖਾਣ ਦੀ ਖੁਸ਼ੀ ਕਰਕੇ (ਖੁਆਰੁ) ਦੁਖੀ, ਜ਼ਲੀਲ ਹੋਈਦਾ ਹੈ	Baabaa Hor Khaanaa Khusee Khuaar ||	O Baba, the pleasures of other foods are false.	ਹੇ ਭਾਈ! ਉਹਨਾਂ ਪਦਾਰਥਾਂ ਨੂੰ ਖਾਣ ਨਾਲ ਖ਼ੁਆਰ ਹੋਈਦਾ ਹੈ,
686	16	ਜਿਤੁ ਖਾਧੈ ਤਨੁ ਪੀੜੀਐ ਮਨ ਮਹਿ ਚਲਹਿ ਵਿਕਾਰ॥੧॥ਰਹਾਉ॥		Jith Khaadhhai Than Peerreeai Man Mehi Chalehi Vikaar ||1|| Rehaao ||	Eating them, the body is ruined, and wickedness and corruption enter into the mind. ||1||Pause||	ਜਿਨ੍ਹਾਂ ਪਦਾਰਥਾਂ ਦੇ ਖਾਣ ਨਾਲ ਸਰੀਰ ਰੋਗੀ ਹੋ ਜਾਂਦਾ ਹੈ, ਅਤੇ ਮਨ ਵਿਚ (ਭੀ ਕਈ) ਮੰਦੇ ਖ਼ਿਆਲ ਤੁਰ ਪੈਂਦੇ ਹਨ ॥੧॥ ਰਹਾਉ ॥
687	16	ਰਤਾ ਪੈਨਣੁ ਮਨੁ ਰਤਾ ਸੁਪੇਦੀ ਸਤੁ ਦਾਨੁ॥	ਪ੍ਰਮੇਸ਼ਰ ਦੇ ਨਾਮ ਚ ਮਨੁ ਨੂੰ (ਰਤਾ) ਰੰਗਣਾ ਹੀ (ਰੱਤਾ)ਲਾਲ ਰੰਗ ਦੇ ਬਸਤ੍ਰ (ਪੈਨਣੁ) ਪੈਨ੍ਹਣਾ ਕੀਤੇ। ਸੱਤੁ ਸਰੂਪ ਨੂੰ (ਦਾਨੁ) ਜਾਨਣ ਰੂਪ ਜਾਂ ਸਤੁ ਸਬਦ ਦਾ (ਦਾਨੁ)ਉਪਦੇਸ਼ ਕਰਨ ਰੂਪ (ਸੁਪੇਦੀ)ਚਿੱਟਾ ਰੰਗ ਪਹਿਰਿਆ ਹੈ	Rathaa Painan Man Rathaa Supaedhee Sath Dhaan ||	My mind is imbued with the Lord's Love; it is dyed a deep crimson. Truth and charity are my white clothes.	ਪ੍ਰਭੂ-ਪ੍ਰੀਤ ਵਿਚ ਮਨ ਰੰਗਿਆ ਜਾਏ, ਇਹ ਲਾਲ ਪੁਸ਼ਾਕ (ਸਮਾਨ) ਹੈ, ਦਾਨ ਪੁੰਨ ਕਰਨਾ (ਲੋੜਵੰਦਿਆਂ ਦੀ ਸੇਵਾ ਕਰਨੀ) ਇਹ ਚਿੱਟੀ ਪੁਸ਼ਾਕ ਸਮਝੋ।

688	16	ਨੀਲੀ ਸਿਆਹੀ ਕਦਾ ਕਰਣੀ ਪਹਿਰਣੁ ਪੈਰ ਧਿਆਨੁ॥	(ਕਦਾ)ਕੱਟਣੀ। (ਪੈਰ) ਚਰਨਾਂ ਦਾ ਧਿਆਨੁ	Neelee Siaahee Kadhaa Karanee Pehiran Pair Dhhiaan ||	The blackness of sin is erased by my wearing of blue clothes, and meditation on the Lord's Lotus Feet is my robe of honor.	ਆਪਣੇ ਮਨ ਵਿਚੋਂ ਕਾਲਖ਼ ਕੱਟ ਦੇਣੀ ਨੀਲੇ ਰੰਗ ਦੀ ਪੁਸ਼ਾਕ ਜਾਣੋ। ਪ੍ਰਭੂ-ਚਰਨਾਂ ਦਾ ਧਿਆਨ ਚੋਗਾ ਹੈ।
689	16	ਕਮਰਬੰਦੁ ਸੰਤੋਖ ਕਾ ਧਨੁ ਜੋਬਨੁ ਤੇਰਾ ਨਾਮੁ॥੨॥	(ਕਮਰ-ਬੰਦੁ)ਕਮਰਕਸਾ	Kamarabandh Santhokh Kaa Dhhan Joban Thaeraa Naam ||2||	Contentment is my cummerbund, Your Name is my wealth and youth. ||2||	ਹੇ ਪ੍ਰਭੂ! ਸੰਤੋਖ ਨੂੰ ਮੈਂ ਆਪਣੇ ਲੱਕ ਦਾ ਪਟਕਾ ਬਣਾਇਆ ਹੈ, ਤੇਰਾ ਨਾਮ ਹੀ ਮੇਰਾ ਧਨ ਹੈ ਮੇਰੀ ਜੁਆਨੀ ਹੈ ॥੨॥
690	16	ਬਾਬਾ ਹੋਰੁ ਪੈਨਣੁ ਖੁਸੀ ਖੁਆਰੁ॥		Baabaa Hor Painan Khusee Khuaar ||	O Baba, the pleasures of other clothes are false.	ਹੇ ਭਾਈ! ਇਹੋ ਜਿਹਾ ਪਹਿਨਣ ਦਾ ਸ਼ੌਕ ਤੇ ਚਾਉ ਖ਼ੁਆਰ ਕਰਦਾ ਹੈ,
691	16	ਜਿਤੁ ਪੈਧੈ ਤਨੁ ਪੀੜੀਐ ਮਨ ਮਹਿ ਚਲਹਿ ਵਿਕਾਰ॥੧॥ਰਹਾਉ॥	(ਪੈਧੈ) ਪਹਿਨਣ ਨਾਲ ਤਨੁ (ਪੀੜੀਐ) ਪੀੜਤ ਹੋਵੇ	Jith Paidhhai Than Peerreeai Man Mehi Chalehi Vikaar ||1|| Rehaao ||	Wearing them, the body is ruined, and wickedness and corruption enter into the mind. ||1||Pause||	ਜਿਸ ਪਹਿਨਣ ਨਾਲ ਸਰੀਰ ਦੁਖੀ ਹੋਵੇ, ਤੇ ਮਨ ਵਿਚ ਭੀ ਭੈੜੇ ਖ਼ਿਆਲ ਤੁਰ ਪੈਣ ॥੧॥ ਰਹਾਉ ॥

692	16	ਘੋੜੇ ਪਾਖਰ ਸੁਇਨੇ ਸਾਖਤਿ ਬੂਝਣੁ ਤੇਰੀ ਵਾਟ॥	ਦਾਸਨਦਾਸ ਲਈ (ਤੇਰੀ) ਆਪ ਜੀ ਦੀ ਪ੍ਰੇਮਾ ਭਗਤੀ ਦੀ (ਵਾਟ) ਰਸਤਾ (ਬੂਝਣੁ) ਬੁੱਝਣਾ ਹੀ, ਘੋੜੇ ਦੀ (ਪਾਖਰ)ਕਾਠੀ ਤੇ ਪੂਛ ਹੇਠਾਂ ਲੰਘਾ ਕੇ ਕਾਠੀ ਨਾਲ ਬੱਧੀ ਸੁਇਨੇ ਦੀ (ਸਾਖਤਿ)ਦੁੰਮਚੀ ਹੈ	Ghorrae Paakhar Sueinae Saakhath Boojhan Thaeree Vaatt ||	The understanding of Your Way, Lord, is horses, saddles and bags of gold for me.	ਹੇ ਪ੍ਰਭੂ! ਤੇਰੇ ਚਰਨਾਂ ਵਿਚ ਜੁੜਨ ਦਾ ਜੀਵਨ-ਰਾਹ ਸਮਝਣਾ (ਮੇਰੇ ਵਾਸਤੇ) ਸੋਨੇ ਦੀ ਦੁਮਚੀ ਵਾਲੇ ਤੇ (ਸੋਹਣੀ) ਕਾਠੀ ਵਾਲੇ ਘੋੜਿਆਂ ਦੀ ਸਵਾਰੀ ਹੈ।
693	16	ਤਰਕਸ ਤੀਰ ਕਮਾਣ ਸਾਂਗ ਤੇਗਬੰਦ ਗੁਣ ਧਾਤੁ॥	ਆਪ ਜੀ ਦੇ ਦੱਸੇ ਸ਼ੁਭ ਗੁਣਾਂ ਵੱਲ (ਧਾਤੁ) ਧਉਣਾ, ਦੌੜਨਾ ਹੀ ਦਾਸਨਦਾਸ ਦਾ (ਤਰਕਸ)ਭੱਥਾ, (ਸਾਂਗ)ਬਰਛੀ, (ਤੇਗਬੰਦ)ਤੇਗ ਬੰਨ੍ਹਣ ਵਾਲਾ ਹੈ	Tharakas Theer Kamaan Saang Thaegabandh Gun Dhhaath ||	The pursuit of virtue is my bow and arrow, my quiver, sword and scabbard.	ਤੇਰੀ ਸਿਫ਼ਤ-ਸਾਲਾਹ ਦਾ ਉੱਦਮ ਕਰਨਾ (ਮੇਰੇ ਵਾਸਤੇ) ਭੱਥੇ ਤੀਰ ਕਮਾਨ ਬਰਛੀ ਤੇ ਤਲਵਾਰ ਦਾ ਗਾਤ੍ਰਾ ਹਨ।
694	16	ਵਾਜਾ ਨੇਜਾ ਪਤਿ ਸਿਉ ਪਰਗਟੁ ਕਰਮੁ ਤੇਰਾ ਮੇਰੀ ਜਾਤਿ॥੩॥		Vaajaa Naejaa Path Sio Paragatt Karam Thaeraa Maeree Jaath ||3||	To be distinguished with honor is my drum and banner. Your Mercy is my social status. ||3||	(ਤੇਰੇ ਦਰ ਤੇ) ਇੱਜ਼ਤ ਨਾਲ ਸੁਰਖ਼ਰੂ ਹੋਣਾ (ਮੇਰੇ ਵਾਸਤੇ) ਵਾਜਾ ਤੇ ਨੇਜਾ ਹਨ, ਤੇਰੀ ਮਿਹਰ (ਦੀ ਨਜ਼ਰ) ਮੇਰੇ ਲਈ ਉੱਚੀ ਕੁਲ ਹੈ ॥੩॥

695	16	ਬਾਬਾ ਹੋਰੁ ਚੜਣਾ ਖੁਸੀ ਖੁਆਰੁ॥	ਚੜ੍ਣਾ	Baabaa Hor Charranaa Khusee Khuaar ||	O Baba, the pleasures of other rides are false.	ਹੇ ਭਾਈ! ਉਹ ਘੋੜ-ਸਵਾਰੀ ਤੇ ਉਸ ਦਾ ਚਾਉ ਖ਼ੁਆਰ ਕਰਦਾ ਹੈ,
696	16	ਜਿਤੁ ਚੜਿਐ ਤਨੁ ਪੀੜੀਐ ਮਨ ਮਹਿ ਚਲਹਿ ਵਿਕਾਰ॥੧॥ਰਹਾਉ॥	ਚੜ੍ਹਿਐ। ਚੱਲਹਿ	Jith Charriai Than Peerreeai Man Mehi Chalehi Vikaar ||1|| Rehaao ||	By such rides, the body is ruined, and wickedness and corruption enter into the mind. ||1||Pause||	ਜਿਸ ਘੋੜ-ਸਵਾਰੀ ਕਰਨ ਨਾਲ ਸਰੀਰ ਔਖਾ ਹੋਵੇ, ਮਨ ਵਿਚ ਭੀ (ਅਹੰਕਾਰ ਆਦਿਕ ਦੇ) ਕਈ ਵਿਕਾਰ ਪੈਦਾ ਹੋ ਜਾਣ ॥੧॥ ਰਹਾਉ ॥
697	16	ਘਰ ਮੰਦਰ ਖੁਸੀ ਨਾਮ ਕੀ ਨਦਰਿ ਤੇਰੀ ਪਰਵਾਰੁ॥		Ghar Mandhar Khusee Naam Kee Nadhar Thaeree Paravaar ||	The Naam, the Name of the Lord, is the pleasure of houses and mansions. Your Glance of Grace is my family, Lord.	(ਦੂਜਿਆਂ ਮਹਲ-ਮਾੜੀਆਂ ਦਾ ਵਸੇਬਾ (ਮੇਰੇ ਵਾਸਤੇ) ਤੇਰਾ ਨਾਮ ਜਪਣ ਤੋਂ ਪੈਦਾ ਹੋਈ ਖ਼ੁਸ਼ੀ ਹੀ ਹੈ। ਤੇਰੀ ਮਿਹਰ ਦੀ ਨਜ਼ਰ ਮੇਰਾ ਕੁਟੰਬ ਹੈ (ਜੋ ਖ਼ੁਸ਼ੀ ਮੈਨੂੰ ਆਪਣਾ ਪਰਵਾਰ ਦੇਖ ਕੇ ਹੁੰਦੀ ਹੈ, ਉਹੀ ਤੇਰੀ ਮਿਹਰ ਦੀ ਨਜ਼ਰ ਵਿਚੋਂ ਮਿਲੇਗੀ)।
698	17	ਹੁਕਮੁ ਸੋਈ ਤੁਧੁ ਭਾਵਸੀ ਹੋਰੁ ਆਖਣੁ ਬਹੁਤੁ ਅਪਾਰੁ॥		Hukam Soee Thudhh Bhaavasee Hor Aakhan Bahuth Apaar ||	The Hukam of Your Command is the pleasure of Your Will, Lord. To say anything else is far beyond anyone's reach.	ਪਾਸੋਂ ਆਪਣਾ) ਹੁਕਮ (ਮਨਾਣਾ) ਤੇ (ਹੁਕਮ ਦੇ) ਹੋਰ ਹੋਰ ਬੋਲ ਬੋਲਣੇ (ਤੇ ਇਸ ਵਿਚ ਖ਼ੁਸ਼ੀ ਮਹਿਸੂਸ ਕਰਨੀ ਮੇਰੇ ਵਾਸਤੇ) ਤੇਰੀ ਰਜ਼ਾ ਵਿਚ ਰਾਜ਼ੀ ਰਹਿਣਾ ਹੈ।

699	17	ਨਾਨਕ ਸਚਾ ਪਾਤਿਸਾਹੁ ਪੂਛਿ ਨ ਕਰੇ ਬੀਚਾਰੁ॥੪॥		Naanak Sachaa Paathisaahu Pooshh N Karae Beechaar ||4||	O Nanak, the True King does not seek advice from anyone else in His decisions. ||4||	ਹੇ ਨਾਨਕ! ਸਦਾ-ਥਿਰ ਪ੍ਰਭੂ ਪਾਤਿਸ਼ਾਹ ਐਸੇ ਜੀਵਨ ਵਾਲੇ ਦੀ ਹੋਰ ਪੁੱਛ-ਵਿਚਾਰ ਨਹੀਂ ਕਰਦਾ (ਭਾਵ, ਉਸ ਦਾ ਜੀਵਨ ਉਸ ਦੀਆਂ ਨਜ਼ਰਾਂ ਬਿਵ ਪਰਵਾਨ ਹੈ) ॥੪॥
700	17	ਬਾਬਾ ਹੋਰੁ ਸਉਣਾ ਖੁਸੀ ਖੁਆਰੁ॥		Baabaa Hor Sounaa Khusee Khuaar ||	O Baba, the pleasure of other sleep is false.	ਹੇ ਭਾਈ! (ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਖ਼ੁਸ਼ੀ ਛੱਡ ਕੇ) ਹੋਰ ਐਸ਼-ਇਸ਼ਰਤ ਦੀ ਖ਼ੁਸ਼ੀ ਖ਼ੁਆਰ ਕਰਦੀ ਹੈ,
701	17	ਜਿਤੁ ਸੁਤੈ ਤਨੁ ਪੀੜੀਐ ਮਨ ਮਹਿ ਚਲਹਿ ਵਿਕਾਰ॥੧॥ਰਹਾਉ॥ ੪॥੭॥	ਸੁੱਤੈ। ਚੱਲਹਿ	Jith Suthai Than Peerreeai Man Mehi Chalehi Vikaar ||1|| Rehaao ||4||7||	By such sleep, the body is ruined, and wickedness and corruption enter into the mind. ||1||Pause||4||7||	ਕਿਉਂ ਕਿ ਹੋਰ ਹੋਰ ਐਸ਼-ਇਸ਼ਰਤ ਸਰੀਰ ਨੂੰ ਰੋਗੀ ਕਰਦੀ ਹੈ ਤੇ ਮਨ ਵਿਚ ਭੀ ਵਿਕਾਰ ਚੱਲ ਪੈਂਦੇ ਹਨ ॥੧॥ ਰਹਾਉ ॥੪॥੭॥{16-17}
702	17	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	

703	17	ਕੁੰਗੂ ਕੀ ਕਾਂਇਆ ਰਤਨਾ ਕੀ ਲਲਿਤਾ ਅਗਰਿ ਵਾਸੁ ਤਨਿ ਸਾਸੁ॥	(ਕੁੰਗੂ)ਕੇਸਰ। ਗੁਰੂ ਜਸ ਗਾ ਕੇ ਰਤਨਾਂ ਵਾਂਗ ਅਮੋਲਕ ਹੈ (ਲਲਿਤਾ)ਜ਼ਬਾਨ	Kungoo Kee Kaaneiaa Rathanaa Kee Lalithaa Agar Vaas Than Saas ||	With the body of saffron, and the tongue a jewel, and the breath of the body pure fragrant incense;	ਜਿਸ ਮਨੁੱਖ ਦਾ ਸਰੀਰ ਕੇਸਰ (ਵਰਗਾ ਸੁੱਧ ਵਿਕਾਰ-ਰਹਿਤ) ਹੋਵੇ, ਜਿਸ ਦੀ ਜੀਭ (ਪ੍ਰਭੂ ਦੀ ਸਿਫ਼ਤ-ਸਾਲਾਹ ਦੇ) ਰਤਨਾਂ ਨਾਲ ਜੜੀ ਹੋਵੇ, ਜਿਸ ਦੇ ਸਰੀਰ ਵਿਚ ਹਰੇਕ ਸੁਆਸ ਉਸ ਦੀ ਲਕੜੀ ਦੀ ਸੁਗੰਧੀ ਵਾਲਾ ਹੋਵੇ (ਭਾਵ, ਪ੍ਰਭੂ ਦੇ ਨਾਮ ਦੀ ਯਾਦ ਨਾਲ ਸੁਗੰਧਿਤ ਹੋਵੇ),
704	17	ਅਠਸਠਿ ਤੀਰਥ ਕਾ ਮੁਖਿ ਟਿਕਾ ਤਿਤੁ ਘਟਿ ਮਤਿ ਵਿਗਾਸੁ॥	ਟਿੱਕਾ। ਘਟਿ: ਪੋਲਾ ਬੋਲੋ	Athasath Theerathh Kaa Mukh Ttikaa Thith Ghatt Math Vigaas ||	With the face anointed at the sixty-eight holy places of pilgrimage, and the heart illuminated with wisdom	ਜਿਸ ਮਨੁੱਖ ਦੇ ਮੱਥੇ ਉੱਤੇ ਅਠਾਹਠ ਹੀ ਤੀਰਥਾਂ ਦਾ ਟਿੱਕਾ ਹੋਵੇ (ਭਾਵ, ਜੋ ਪ੍ਰਭੂ ਦਾ ਨਾਮ ਜਪ ਕੇ ਅਠਾਹਠ ਤੀਰਥਾਂ ਨਾਲੋਂ ਵਧੀਕ ਪਵਿਤ੍ਰ ਹੋ ਚੁਕਾ ਹੋਵੇ) ਉਸ ਮਨੁੱਖ ਦੇ ਅੰਦਰ ਮਤਿ ਖਿੜਦੀ ਹੈ।
705	17	ਓਤੁ ਮਤੀ ਸਾਲਾਹਣਾ ਸਚੁ ਨਾਮੁ ਗੁਣਤਾਸੁ॥੧॥	(ਓਤੁ)ਓਸ।ਗੁਣ-ਤਾਸੁ। ਮੱਤੀ	Outh Mathee Saalaahanaa Sach Naam Gunathaas ||1||	-with that wisdom, chant the Praises of the True Name, the Treasure of Excellence. ||1||	ਉਸ ਖਿੜੀ ਹੋਈ ਮਤਿ ਨਾਲ ਹੀ ਸੱਚਾ ਨਾਮ ਸਲਾਹਿਆ ਜਾ ਸਕਦਾ ਹੈ, ਗੁਣਾਂ ਦਾ ਖ਼ਜ਼ਾਨਾ ਪ੍ਰਭੂ ਸਲਾਹਿਆ ਜਾ ਸਕਦਾ ਹੈ।
706	17	ਬਾਬਾ ਹੋਰ ਮਤਿ ਹੋਰ ਹੋਰ॥		Baabaa Hor Math Hor Hor ||	O Baba, other wisdom is useless and irrelevant.	ਹੇ ਭਾਈ! ਪ੍ਰਭੂ ਦੇ ਨਾਮ ਤੋਂ ਖੁੰਝੀ ਹੋਈ ਮਤਿ ਹੋਰ ਹੋਰ ਪਾਸੇ ਹੀ ਲੈ ਜਾਂਦੀ ਹੈ।

707	17	ਜੇ ਸਉ ਵੇਰ ਕਮਾਈਐ ਕੂੜੈ ਕੂੜਾ ਜੋਰੁ॥੧॥ਰਹਾਉ॥		Jae So Vaer Kamaaeeai Koorrai Koorraa Jor ||1|| Rehaao ||	If falsehood is practiced a hundred times, it is still false in its effects. ||1||Pause||	ਸਿਫ਼ਤ-ਸਾਲਾਹ ਛੱਡ ਕੇ ਜੇ ਹੋਰ ਕਰਮ ਸੈਂਕੜੇ ਵਾਰੀ ਭੀ ਕਰੀਏ (ਤਾਂ ਕੁਝ ਨਹੀਂ ਬਣਦਾ, ਕਿਉਂਕਿ) ਕੂੜਾ ਕਰਮ ਕਰਨ ਨਾਲ ਕੂੜ ਦਾ ਹੀ ਜ਼ੋਰ ਵਧਦਾ ਹੈ ॥੧॥
708	17	ਪੂਜਲਗੈ ਪੀਰੁ ਆਖੀਐ ਸਭੁ ਮਿਲੈ ਸੰਸਾਰੁ॥	ਲੱਗੈ	Pooj Lagai Peer Aakheeai Sabh Milai Sansaar ||	You may be worshipped and adored as a Pir (a spiritual teacher); you may be welcomed by all the world;	ਜੇ ਕੋਈ ਮਨੁੱਖ ਪੀਰ ਅਖਵਾਣ ਲੱਗ ਪਏ, ਸਾਰਾ ਸੰਸਾਰ ਆ ਕੇ ਉਸ ਦਾ ਦਰਸ਼ਨ ਕਰੇ, ਉਸ ਦੀ ਪੂਜਾ ਹੋਣ ਲੱਗ ਪਏ,
709	17	ਨਾਉ ਸਦਾਏ ਆਪਣਾ ਹੋਵੈ ਸਿਧੁ ਸੁਮਾਰੁ॥	(ਸੁਮਾਰੁ)ਗਿਣਤੀ। ਸਿੱਧੁ	Naao Sadhaaeae Aapanaa Hovai Sidhh Sumaar ||	You may adopt a lofty name, and be known to have supernatural spiritual powers	ਜੇ ਉਹ ਪੁੱਗਿਆ ਹੋਇਆ (ਕਰਾਮਾਤੀ) ਜੋਗੀ ਗਿਣਿਆ ਜਾਣ ਲੱਗ ਪਏ, ਵੱਡੇ ਨਾਮਣੇ ਵਾਲਾ ਸਦਾਣ ਲੱਗ ਪਏ,
710	17	ਜਾ ਪਤਿ ਲੇਖੈ ਨਾ ਪਵੈ ਸਭਾ ਪੂਜ ਖੁਆਰੁ॥੨॥	(ਸੱਭਾ)ਸਾਰੀਆਂ	Jaa Path Laekhai Naa Pavai Sabhaa Pooj Khuaar ||2||	-even so, if you are not accepted in the Court of the Lord, then all this adoration is false. ||2||	(ਤਾਂ ਭੀ ਇਹ ਸਭ ਕੁਝ ਕਿਸੇ ਅਰਥ ਨਹੀਂ, ਕਿਉਂਕਿ) ਜੇ ਪ੍ਰਭੂ ਦੀ ਹਜ਼ੂਰੀ ਵਿਚ ਕੀਤੇ ਕਰਮਾਂ ਦਾ ਹਿਸਾਬ ਹੋਣ ਵੇਲੇ ਉਸ ਨੂੰ ਇੱਜ਼ਤ ਨਹੀਂ ਮਿਲਦੀ, ਤਾਂ (ਦੁਨੀਆ ਵਿਚ ਹੋਈ) ਸਾਰੀ ਪੂਜਾ ਖ਼ੁਆਰ ਹੀ ਕਰਦੀ ਹੈ ॥੨॥

711	17	ਜਿਨ ਕਉ ਸਤਿਗੁਰਿ ਥਾਪਿਆ ਤਿਨ ਮੇਟਿ ਨ ਸਕੈ ਕੋਇ॥		Jin Ko Sathigur Thhaapiaa Thin Maett N Sakai Koe ||	No one can overthrow those who have been established by the True Guru.	ਜਿਨ੍ਹਾਂ ਮਨੁੱਖਾਂ ਨੂੰ ਸਤਿਗੁਰੂ ਨੇ ਸ਼ਾਬਾਸ਼ੇ ਦਿੱਤੀ ਹੈ, ਉਹਨਾਂ ਦੀ ਉਸ ਇੱਜ਼ਤ ਨੂੰ ਕੋਈ ਮਿਟਾ ਨਹੀਂ ਸਕਦਾ।
712	17	ਓਨਾ ਅੰਦਰਿ ਨਾਮੁ ਨਿਧਾਨੁ ਹੈ ਨਾਮੋ ਪਰਗਟੁ ਹੋਇ॥	ਓਨ੍ਹਾਂ	Ounaa Andhar Naam Nidhhaan Hai Naamo Paragatt Hoe ||	The Treasure of the Naam, the Name of the Lord, is within them, and through the Naam, they are radiant and famous.	(ਕਿਉਂਕਿ) ਉਹਨਾਂ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਖ਼ਜ਼ਾਨਾ ਵੱਸਦਾ ਹੈ, ਉਹਨਾਂ ਦੇ ਅੰਦਰ ਨਾਮ ਹੀ ਉੱਘੜਦਾ ਹੈ।
713	17	ਨਾਉ ਪੂਜੀਐ ਨਾਉ ਮੰਨੀਐ ਅਖੰਡੁ ਸਦਾ ਸਚੁ ਸੋਇ॥੩॥		Naao Poojeeai Naao Manneeai Akhandd Sadhaa Sach Soe ||3||	They worship the Naam, and they believe in the Naam. The True One is forever Intact and Unbroken. ||3||	(ਇਹ ਪੱਕਾ ਨਿਯਮ ਜਾਣੋ ਕਿ) ਪ੍ਰਭੂ ਦਾ ਨਾਮ ਹੀ ਪੂਜਿਆ ਜਾਂਦਾ ਹੈ, ਨਾਮ ਹੀ ਸਤਕਾਰਿਆ ਜਾਂਦਾ ਹੈ। ਪ੍ਰਭੂ ਹੀ ਸਦਾ ਇਕ-ਰਸ ਸਦਾ-ਥਿਰ ਰਹਿਣ ਵਾਲਾ ਹੈ ॥੩॥
714	17	ਖੇਹੂ ਖੇਹ ਰਲਾਈਐ ਤਾ ਜੀਉ ਕੇਹਾ ਹੋਇ॥		Khaehoo Khaeh Ralaaeeai Thaa Jeeo Kaehaa Hoe ||	When the body mingles with dust, what happens to the soul?	(ਜਿਨ੍ਹਾਂ ਮਨੁੱਖਾਂ ਨੇ ਕਦੇ ਨਾਮ ਨਾਹ ਜਪਿਆ, ਉਹਨਾਂ ਦਾ ਸਰੀਰ ਜਦੋਂ) ਮਿੱਟੀ ਹੋ ਕੇ ਮਿੱਟੀ ਵਿਚ ਰਲਿਆ, ਤਾਂ (ਨਾਮ-ਹੀਣ) ਜਿੰਦ ਦਾ ਹਾਲ ਭੈੜਾ ਹੀ ਹੁੰਦਾ ਹੈ।

715	17	ਜਲੀਆ ਸਭਿ ਸਿਆਣਪਾ ਉਠੀ ਚਲਿਆ ਰੋਇ॥	ਉੱਠੀ। ਜਲੀਆਂ	Jaleeaa Sabh Siaanapaa Outhee Chaliaa Roe ||	All clever tricks are burnt away, and you shall depart crying.	(ਦੁਨੀਆ ਵਿਚ ਕੀਤੀਆਂ) ਸਾਰੀਆਂ ਚਤੁਰਾਈਆਂ ਸੁਆਹ ਹੋ ਜਾਂਦੀਆਂ ਹਨ, ਜਗਤ ਤੋਂ ਜੀਵ ਦੁਖੀ ਹੋ ਕੇ ਹੀ ਤੁਰਦਾ ਹੈ।
716	17	ਨਾਨਕ ਨਾਮਿ ਵਿਸਾਰਿਐ ਦਰਿ ਗਇਆ ਕਿਆ ਹੋਇ॥੪॥੮॥	ਗ-ਇਆ	Naanak Naam Visaariai Dhar Gaeiaa Kiaa Hoe ||4||8||	O Nanak, those who forget the Naam-what will happen when they go to the Court of the Lord? ||4||8||	ਹੇ ਨਾਨਕ! ਜੇ ਪ੍ਰਭੂ ਦਾ ਨਾਮ ਭੁਲਾ ਦੇਈਏ, ਤਾਂ ਪ੍ਰਭੂ ਦੇ ਦਰ ਤੇ ਪਹੁੰਚ ਕੇ ਭੈੜਾ ਹਾਲ ਹੀ ਹੁੰਦਾ ਹੈ ॥੪॥੮॥
717	17	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
718	17	ਗੁਣਵੰਤੀ ਗੁਣ ਵੀਥਰੈ ਅਉਗੁਣਵੰਤੀ ਝੂਰਿ॥	(ਗੁਣਵੰਤੀ) ਸ਼ੁਭ ਗੁਣਾਂ ਵਾਲੀ। (ਵੀਥਰੈ) ਵਿਸਥਾਰ ਕਰਦੀ ਹੈ। (ਝੂਰਿ) ਪਸਚਾਤਾਪ। ਵੀੱਥਰੈ	Gunavanthee Gun Veethharai Aougunavanthee Jhoor ||	The virtuous wife exudes virtue; the unvirtuous suffer in misery.	ਜਿਸ ਜੀਵ-ਇਸਤ੍ਰੀ ਨੇ ਆਪਣੇ ਹਿਰਦੇ ਵਿਚ ਪ੍ਰਭੂ ਦੀ ਸਿਫ਼ਤ-ਸਾਲਾਹ ਵਸਾਈ ਹੋਈ ਹੈ ਉਹ ਪ੍ਰਭੂ ਦੇ ਗੁਣਾਂ ਦੀ ਹੀ ਕਥਾ ਵਾਰਤਾ ਕਰਦੀ ਹੈ। ਪਰ ਜਿਸ ਦੇ ਅੰਦਰ (ਮਾਇਆ ਦੇ ਮੋਹ ਦੇ ਕਾਰਨ) ਔਗੁਣ ਹੀ ਔਗੁਣ ਹਨ ਉਹ (ਆਪਣੇ ਹੀ ਔਗੁਣਾਂ ਦੇ ਪ੍ਰਭਾਵ ਹੇਠ) ਸਦਾ ਝੂਰਦੀ ਰਹਿੰਦੀ ਹੈ।

719	17	ਜੇ ਲੋੜਹਿ ਵਰੁ ਕਾਮਣੀ ਨਹ ਮਿਲੀਐ ਪਿਰ ਕੂਰਿ॥	(ਵਰੁ) ਪਤੀ ਪ੍ਰਮੇਸ਼ਰ। (ਕੂਰਿ) ਝੂਠੇ ਕੰਮ। ਕਾਮਣੀ	Jae Lorrehi Var Kaamanee Neh Mileeai Pir Koor ||	If you long for your Husband Lord, O soul-bride, you must know that He is not met by falsehood.	ਹੇ ਜੀਵ-ਇਸਤ੍ਰੀ! ਜੇ ਤੂੰ ਖਸਮ-ਪ੍ਰਭੂ ਨੂੰ ਮਿਲਣਾ ਚਾਹੁੰਦੀ ਹੈਂ, ਤਾਂ (ਚੇਤੇ ਰੱਖ ਕਿ) ਕੂੜੇ ਮੋਹ ਵਿਚ ਫਸੇ ਰਿਹਾਂ ਪਤੀ-ਪ੍ਰਭੂ ਨੂੰ ਨਹੀਂ ਮਿਲ ਸਕਦੀ।
720	17	ਨਾ ਬੇੜੀ ਨਾ ਤੁਲਹੜਾ ਨਾ ਪਾਈਐ ਪਿਰੁ ਦੂਰਿ॥੧॥	ਪ੍ਰੇਮਾਭਗਤੀ ਰੂਪੀ ਬੇੜੀ। ਨਦੀ ਪਾਰ ਕਰਨ ਲਈ ਲੱਕੜਾਂ ਬੰਨ੍ਹ ਕੇ ਬਣਾਇਆ ਤੁਲ-ਹੜਾ	Naa Baerree Naa Thuleharraa Naa Paaeeai Pir Dhoor ||1||	No boat or raft can take you to Him. Your Husband Lord is far away. ||1||	(ਤੂੰ ਤਾਂ ਮੋਹ ਦੇ ਸਮੁੰਦਰ ਵਿਚ ਗੋਤੇ ਖਾ ਰਹੀ ਹੈਂ) ਤੇਰੇ ਪਾਸ ਨਾਹ ਬੇੜੀ ਹੈ, ਨਾਹ ਤੁਲਹਾ ਹੈ, ਇਸ ਤਰ੍ਹਾਂ ਪਤੀ-ਪ੍ਰਭੂ ਨਹੀਂ ਲੱਭ ਸਕਦਾ, (ਕਿਉਂਕਿ) ਉਹ ਤਾਂ (ਇਸ ਸੰਸਾਰ-ਸਮੁੰਦਰ ਤੋਂ ਪਾਰ ਹੈ,) ਦੂਰ ਹੈ ॥੧॥
721	17	ਮੇਰੇ ਠਾਕੁਰ ਪੂਰੈ ਤਖਤਿ ਅਡੋਲੁ॥	(ਠਾਕੁਰ)ਮਾਲਕ	Maerae Thaakur Poorai Thakhath Addol ||	My Lord and Master is Perfect; His Throne is Eternal and Immovable.	ਮੇਰੇ ਪਾਲਣਹਾਰ ਪ੍ਰਭੂ ਦਾ ਅਹਿੱਲ ਟਿਕਾਣਾ ਉਸ ਤਖ਼ਤ ਉੱਤੇ ਹੈ ਜੇਹੜਾ (ਪ੍ਰਭੂ ਵਾਂਗ ਹੀ) ਸੰਪੂਰਨ ਹੈ (ਜਿਸ ਵਿਚ ਕੋਈ ਉਕਾਈ ਨਹੀਂ ਹੈ)।
722	17	ਗੁਰਮੁਖਿ ਪੂਰਾ ਜੇ ਕਰੇ ਪਾਈਐ ਸਾਚੁ ਅਤੋਲੁ॥੧॥ਰਹਾਉ॥	(ਅਤੋਲੁ)ਤੋਲਣ ਰਹਿਤ	Guramukh Pooraa Jae Karae Paaeeai Saach Athol ||1|| Rehaao ||	One who attains perfection as Gurmukh, obtains the Immeasurable True Lord. ||1||Pause||	ਉਹ ਪ੍ਰਭੂ ਸਦਾ-ਥਿਰ ਰਹਿਣ ਵਾਲਾ ਹੈ, ਉਸ ਦਾ ਤੋਲ-ਮਾਪ ਦੱਸਿਆ ਨਹੀਂ ਜਾ ਸਕਦਾ। ਪੂਰਾ ਗੁਰੂ ਜੇ ਮਿਹਰ ਕਰੇ, ਤਾਂ ਹੀ ਉਹ ਮਿਲ ਸਕਦਾ ਹੈ ॥੧॥ ਰਹਾਉ ॥

723	17	ਪ੍ਰਭੁ ਹਰਿਮੰਦਰੁ ਸੋਹਣਾ ਤਿਸੁ ਮਹਿ ਮਾਣਕ ਲਾਲ॥		Prabh Harimandhar Sohanaa This Mehi Maanak Laal ||	The Palace of the Lord God is so beautiful.	ਹਰੀ-ਪਰਮਾਤਮਾ (ਮਾਨੋ) ਇਕ ਸੋਹਣਾ ਮੰਦਰ ਹੈ, ਜਿਸ ਵਿਚ ਮਾਣਕ ਲਾਲ ਮੋਤੀ ਤੇ ਚਮਕਦੇ ਹੀਰੇ ਹਨ।
724	17	ਮੋਤੀ ਹੀਰਾ ਨਿਰਮਲਾ ਕੰਚਨ ਕੋਟ ਰੀਸਾਲ॥	(ਕੰਚਨ)ਸੋਨਾ। (ਕੋਟ)ਕਿਲਾ। (ਰੀਸਾਲ)ਸੁੰਦਰ	Mothee Heeraa Niramalaa Kanchan Kott Reesaal ||	Within it, there are gems, rubies, pearls and flawless diamonds. A fortress of gold surrounds this Source of Nectar.	(ਜਿਸ ਦੇ ਦੁਆਲੇ) ਸੋਨੇ ਦੇ ਸੁੰਦਰ ਆਨੰਦ ਦੇਣ ਵਾਲੇ ਕਿਲ੍ਹੇ ਹਨ।
725	17	ਬਿਨੁ ਪਉੜੀ ਗੜਿ ਕਿਉ ਚੜਉ ਗੁਰ ਹਰਿ ਧਿਆਨ ਨਿਹਾਲ॥੨॥	(ਗੜ੍ਹਿ)ਕਿਲ੍ਹਾ। ਚੜ੍ਹਉ	Bin Pourree Garr Kio Charro Gur Har Dhhiaan Nihaal ||2||	How can I climb up to the Fortress without a ladder? By meditating on the Lord, through the Guru, I am blessed and exalted. ||2||	ਪਰ ਉਸ (ਮੰਦਰ-) ਕਿਲ੍ਹੇ ਉਤੇ ਪਉੜੀ ਤੋਂ ਬਿਨਾ ਚੜ੍ਹਿਆ ਨਹੀਂ ਜਾ ਸਕਦਾ। (ਹਾਂ,) ਜੇ ਗੁਰੂ-ਚਰਨਾਂ ਦਾ ਧਿਆਨ ਧਰਿਆ ਜਾਏ, ਜੇ ਪ੍ਰਭੂ-ਚਰਨਾਂ ਦਾ ਧਿਆਨ ਧਰਿਆ ਜਾਏ, ਤਾਂ ਦਰਸਨ ਹੋ ਜਾਂਦਾ ਹੈ ॥੨॥
726	17	ਗੁਰੁ ਪਉੜੀ ਬੇੜੀ ਗੁਰੂ ਗੁਰੁ ਤੁਲਹਾ ਹਰਿ ਨਾਉ॥	ਤੁਲਹਾ: ਪੋਲਾ ਬੋਲੋ	Gur Pourree Baerree Guroo Gur Thulehaa Har Naao ||	The Guru is the Ladder, the Guru is the Boat, and the Guru is the Raft to take me to the Lord's Name.	ਉਸ (ਹਰਿ-ਮੰਦਰ-ਕਿਲ੍ਹੇ ਉੱਤੇ ਚੜ੍ਹਨ ਵਾਸਤੇ) ਗੁਰੂ ਪਉੜੀ ਹੈ, (ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਵਾਸਤੇ) ਗੁਰੂ ਬੇੜੀ ਹੈ, ਪ੍ਰਭੂ ਦਾ ਨਾਮ (ਦੇਣ ਵਾਲਾ) ਗੁਰੂ ਹੀ ਤੁਲਹਾ ਹੈ।

727	17	ਗੁਰੁ ਸਰੁ ਸਾਗਰੁ ਬੋਹਿਥੋ ਗੁਰੁ ਤੀਰਥੁ ਦਰੀਆਉ॥	(ਬੋਹਿਥੋ)ਜ਼ਹਾਜ਼। ਦਰੀ-ਆਉ	Gur Sar Saagar Bohithho Gur Theerathh Dhareeaao ||	The Guru is the Boat to carry me across the world-ocean; the Guru is the Sacred Shrine of Pilgrimage, the Guru is the Holy River.	ਗੁਰੂ ਸਰੋਵਰ ਹੈ, ਗੁਰੂ ਸਮੁੰਦਰ ਹੈ, ਗੁਰੂ ਹੀ ਜਹਾਜ਼ ਹੈ, ਗੁਰੂ ਹੀ ਤੀਰਥ ਹੈ ਤੇ ਦਰੀਆ ਹੈ।
728	17	ਜੇ ਤਿਸੁ ਭਾਵੈ ਊਜਲੀ ਸਤ ਸਰਿ ਨਾਵਣੁ ਜਾਉ॥੩॥	ਸੱਤ। ਨ੍ਹਾਵਣ	Jae This Bhaavai Oojalee Sath Sar Naavan Jaao ||3||	If it pleases Him, I bathe in the Pool of Truth, and become radiant and pure. ||3||	ਜੇ ਪ੍ਰਭੂ ਦੀ ਰਜ਼ਾ ਹੋਵੇ, ਤਾਂ (ਗੁਰੂ ਨੂੰ ਮਿਲ ਕੇ) ਮਨੁੱਖ ਦੀ ਮਤਿ ਸ਼ੁੱਧ ਹੋ ਜਾਂਦੀ ਹੈ (ਕਿਉਂਕਿ) ਮਨੁੱਖ ਸਾਧ ਸੰਗਤਿ ਸਰੋਵਰ ਵਿਚ (ਮਾਨਸਕ) ਇਸ਼ਨਾਨ ਕਰਨ ਜਾਣ ਲੱਗ ਪੈਂਦਾ ਹੈ ॥੩॥
729	17	ਪੂਰੋ ਪੂਰੋ ਆਖੀਐ ਪੂਰੈ ਤਖਤਿ ਨਿਵਾਸ॥		Pooro Pooro Aakheeai Poorai Thakhath Nivaas ||	He is called the Most Perfect of the Perfect. He sits upon His Perfect Throne.	ਹਰ ਕੋਈ ਆਖਦਾ ਹੈ ਕਿ ਪਰਮਾਤਮਾ ਵਿਚ ਕੋਈ ਉਕਾਈ ਨਹੀਂ ਹੈ, ਉਸ ਦਾ ਨਿਵਾਸ ਭੀ ਐਸੇ ਤਖ਼ਤ ਉੱਤੇ ਹੈ ਜਿਸ ਵਿਚ ਕੋਈ ਘਾਟ ਨਹੀਂ ਹੈ।
730	17	ਪੂਰੈ ਥਾਨਿ ਸੁਹਾਵਣੈ ਪੂਰੈ ਆਸ ਨਿਰਾਸ॥		Poorai Thhaan Suhaavanai Poorai Aas Niraas ||	He looks so Beautiful in His Perfect Place. He fulfills the hopes of the hopeless.	ਉਹ ਪੂਰਾ ਪ੍ਰਭੂ ਸੋਹਣੇ ਉਕਾਈ-ਹੀਣ ਥਾਂ ਤੇ ਬੈਠਾ ਹੈ ਤੇ ਟੁੱਟੇ ਦਿਲਾਂ ਵਾਲੇ ਬੰਦਿਆਂ ਦੀਆਂ ਆਸਾਂ ਪੂਰੀਆਂ ਕਰਦਾ ਹੈ।
731	17	ਨਾਨਕ ਪੂਰਾ ਜੇ ਮਿਲੈ ਕਿਉ ਘਾਟੈ ਗੁਣ ਤਾਸ॥੪॥੯॥		Naanak Pooraa Jae Milai Kio Ghaattai Gun Thaas ||4||9||	O Nanak, if one obtains the Perfect Lord, how can his virtues decrease? ||4||9||	ਹੇ ਨਾਨਕ! ਉਹ ਪੂਰਨ ਪ੍ਰਭੂ ਜੇ ਮਨੁੱਖ ਨੂੰ ਮਿਲ ਪਏ ਤਾਂ ਉਸ ਦੇ ਗੁਣਾਂ ਵਿਚ ਭੀ ਕਿਵੇਂ ਕੋਈ ਘਾਟ ਆ ਸਕਦੀ ਹੈ? ॥੪॥੯॥

732	17	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
733	17	ਆਵਹੁ ਭੈਣੇ ਗਲਿ ਮਿਲਹ ਅੰਕਿ ਸਹੇਲੜੀਆਹ॥	(ਅੰਕਿ)ਪਿਆਰੇ ਵਾਹਿਗੁਰੂ ਜੀ ਸਹੇਲੜੀ-ਆਹ	Aavahu Bhainae Gal Mileh Ank Sehaelarreeaah ||	Come, my dear sisters and spiritual companions; hug me close in your embrace.	ਹੇ ਸਤਸੰਗਣ ਭੈਣੋ ਤੇ ਸਹੇਲੀਹੋ! ਆਓ, ਪਿਆਰ ਨਾਲ (ਸਤ-ਸੰਗ ਵਿਚ) ਇਕੱਠੀਆਂ ਹੋਵੀਏ।
734	17	ਮਿਲਿ ਕੈ ਕਰਹ ਕਹਾਣੀਆ ਸੰਮ੍ਰਥ ਕੰਤ ਕੀਆਹ॥	ਕਰਹ: ਤਿੰਨੇ ਅੱਖਰ ਮੁਕਤੇ ਬੋਲੋ, ਕਰੈ ਨਹੀ ਉਚਾਰਨਾ। ਸੰਮ੍ਰੱਥ: ਅੱਧਾ ਰਾਰਾ ਪੋਲਾ ਬੋਲੋ	Mil Kai Kareh Kehaaneeaa Sanmrathh Kanth Keeaah ||	Let's join together, and tell stories of our All-powerful Husband Lord.	ਸਤਸੰਗ ਵਿਚ ਮਿਲ ਕੇ ਉਸ ਖਸਮ-ਪ੍ਰਭੂ ਦੀਆਂ ਗੱਲਾਂ ਕਰੀਏ ਜੋ ਸਾਰੀਆਂ ਤਾਕਤਾਂ ਵਾਲਾ ਹੈ।
735	17	ਸਾਚੇ ਸਾਹਿਬ ਸਭਿ ਗੁਣ ਅਉਗਣ ਸਭਿ ਅਸਾਹ॥੧॥	(ਅਸਾਹ) ਅਸਾਡੇ	Saachae Saahib Sabh Gun Aougan Sabh Asaah ||1||	All Virtues are in our True Lord and Master; we are utterly without virtue. ||1||	(ਹੇ ਸਹੇਲੀਹੋ!) ਉਸ ਸਦਾ-ਥਿਰ ਮਾਲਕ ਵਿਚ ਸਾਰੇ ਗੁਣ ਹੀ ਗੁਣ ਹਨ (ਉਸ ਤੋਂ ਵਿੱਛੁੜ ਕੇ ਹੀ) ਸਾਰੇ ਔਗੁਣ ਸਾਡੇ ਵਿਚ ਆ ਜਾਂਦੇ ਹਨ ॥੧॥
736	17	ਕਰਤਾ ਸਭੁ ਕੋ ਤੇਰੈ ਜੋਰਿ॥		Karathaa Sabh Ko Thaerai Jor ||	O Creator Lord, all are in Your Power.	ਹੇ ਕਰਤਾਰ! ਹਰੇਕ ਜੀਵ ਤੇਰੇ ਹੁਕਮ ਵਿਚ (ਹੀ ਤੁਰ ਸਕਦਾ ਹੈ)।
737	17	ਏਕੁ ਸਬਦੁ ਬੀਚਾਰੀਐ ਜਾ ਤੂ ਤਾ ਕਿਆ ਹੋਰਿ॥੧॥ਰਹਾਉ॥		Eaek Sabadh Beechaareeai Jaa Thoo Thaa Kiaa Hor ||1|| Rehaao ||	I dwell upon the One Word of the Shabad. You are mine-what else do I need? ||1||Pause||	ਜਦੋਂ ਤੇਰੀ ਸਿਫ਼ਤ-ਸਾਲਾਹ ਦੀ ਬਾਣੀ ਨੂੰ ਵਿਚਾਰਦਾ ਹੈ (ਤਾਂ ਇਹ ਸਮਝ ਪੈਂਦੀ ਹੈ ਕਿ) ਜਦੋਂ ਤੂੰ (ਸਾਡੇ ਸਿਰ ਉੱਤੇ ਰਾਖਾ) ਹੈਂ, ਤਾਂ ਹੋਰ ਕੋਈ ਸਾਡਾ ਕੀਹ ਵਿਗਾੜ ਸਕਦੇ ਹਨ ॥੧॥ ਰਹਾਉ ॥

738	17	ਜਾਇ ਪੁਛਹੁ ਸੋਹਾਗਣੀ ਤੁਸੀ ਰਾਵਿਆ ਕਿਨੀ ਗੁਣੀ॥	ਕਿਨ੍ਹੀਂ। ਪੁੱਛਹੁ	Jaae Pushhahu Sohaaganee Thusee Raaviaa Kinee Gunanaee ||	Go, and ask the happy soul-brides, ""By what virtuous qualities do you enjoy your Husband Lord?""	(ਹੇ ਸਤਸੰਗਣ ਭੈਣੋ! ਬੇ-ਸ਼ੱਕ) ਜਾ ਕੇ ਸੁਹਾਗਣ (ਜੀਵ-ਇਸਤ੍ਰੀਆਂ) ਨੂੰ ਪੁੱਛ ਲਵੋ ਕਿ ਤੁਸਾਂ ਕਿਨ੍ਹਾਂ ਗੁਣਾਂ ਦੀ ਰਾਹੀਂ ਪ੍ਰਭੂ-ਮਿਲਾਪ ਹਾਸਲ ਕੀਤਾ ਹੈ?
739	17	ਸਹਜਿ ਸੰਤੋਖਿ ਸੀਗਾਰੀਆ ਮਿਠਾ ਬੋਲਣੀ॥	(ਸਹਜਿ)ਸ਼ਾਂਤੀ	Sehaj Santhokh Seegaareeaa Mithaa Bolanee ||	"We are adorned with intuitive ease, contentment and sweet words.	ਉਹ ਆਨੰਦ-ਦਾਤਾ ਪ੍ਰਭੂ-ਪਤੀ ਤਦੋਂ ਹੀ ਮਿਲਦਾ ਹੈ, ਜਦੋਂ ਗੁਰੂ ਦਾ ਉਪਦੇਸ਼ ਗਹੁ ਨਾਲ ਸੁਣਿਆ ਜਾਏ (ਤੇ ਸੰਤੋਖ ਮਿਠ-ਬੋਲਾ-ਪਨ ਆਦਿਕ ਗੁਣ ਧਾਰੇ ਜਾਣ) ॥੨॥
740	17	ਪਿਰੁ ਰੀਸਾਲੂ ਤਾ ਮਿਲੈ ਜਾ ਗੁਰ ਕਾ ਸਬਦੁ ਸੁਣੀ॥੨॥		Pir Reesaaloo Thaa Milai Jaa Gur Kaa Sabadh Sunee ||2||	We meet with our Beloved, the Source of Joy, when we listen to the Word of the Guru's Shabad."||2||	
741	18	ਕੇਤੀਆ ਤੇਰੀਆ ਕੁਦਰਤੀ ਕੇਵਡ ਤੇਰੀ ਦਾਤਿ॥	(ਕੁਦਰਤੀ)ਸ਼ਕਤੀਆਂ। ਕੇੱਤੀਆ	Kaetheeaa Thaereeaa Kudharathee Kaevadd Thaeree Dhaath ||	You have so many Creative Powers, Lord; Your Bountiful Blessings are so Great.	ਹੇ ਪ੍ਰਭੂ! ਤੇਰੀਆਂ ਬੇਅੰਤ ਤਾਕਤਾਂ ਹਨ, ਤੇਰੀਆਂ ਬੇਅੰਤ ਬਖ਼ਸ਼ਸ਼ਾਂ ਹਨ।
742	18	ਕੇਤੇ ਤੇਰੇ ਜੀਅ ਜੰਤ ਸਿਫਤਿ ਕਰਹਿ ਦਿਨੁ ਰਾਤਿ॥		Kaethae Thaerae Jeea Janth Sifath Karehi Dhin Raath ||	So many of Your beings and creatures praise You day and night.	ਬੇਅੰਤ ਜੀਵ ਦਿਨ ਰਾਤ ਤੇਰੀਆਂ ਸਿਫ਼ਤਾਂ ਕਰ ਰਹੇ ਹਨ।

743	18	ਕੇਤੇ ਤੇਰੇ ਰੂਪ ਰੰਗ ਕੇਤੇ ਜਾਤਿ ਅਜਾਤਿ॥੩॥		Kaethae Thaerae Roop Rang Kaethae Jaath Ajaath ||3||	You have so many forms and colors, so many classes, high and low. ||3||	ਤੇਰੇ ਬੇਅੰਤ ਹੀ ਰੂਪ ਰੰਗ ਹਨ, ਤੇਰੇ ਪੈਦਾ ਕੀਤੇ ਬੇਅੰਤ ਜੀਵ ਹਨ, ਜੋ ਕੋਈ ਉੱਚੀਆਂ ਤੇ ਕੋਈ ਨੀਵੀਆਂ ਜਾਤਾਂ ਵਿਚ ਹਨ ॥੩॥
744	18	ਸਚੁ ਮਿਲੈ ਸਚੁ ਊਪਜੈ ਸਚ ਮਹਿ ਸਾਚਿ ਸਮਾਇ॥		Sach Milai Sach Oopajai Sach Mehi Saach Samaae ||	Meeting the True One, Truth wells up. The truthful are absorbed into the True Lord.	ਜੇ ਮਨੁੱਖ ਸਿਮਰਨ ਦੀ ਰਾਹੀਂ ਸਦਾ-ਥਿਰ ਪ੍ਰਭੂ ਵਿਚ ਲੀਨ ਰਹੇ, ਉਸ ਨੂੰ ਪਰਮਾਤਮਾ ਮਿਲ ਪੈਂਦਾ ਹੈ, ਪਰਮਾਤਮਾ (ਉਸ ਦੇ ਹਿਰਦੇ ਵਿਚ) ਪਰਗਟ ਹੋ ਜਾਂਦਾ ਹੈ।
745	18	ਸੁਰਤਿ ਹੋਵੈ ਪਤਿ ਊਗਵੈ ਗੁਰਬਚਨੀ ਭਉ ਖਾਇ॥		Surath Hovai Path Oogavai Gurabachanee Bho Khaae ||	Intuitive understanding is obtained and one is welcomed with honor, through the Guru's Word, filled with the Fear of God.	ਉਸ ਦੀ ਸੁਰਤ (ਪ੍ਰਭੂ-ਚਰਨਾਂ ਵਿਚ) ਜੁੜੀ ਰਹਿੰਦੀ ਹੈ, (ਪ੍ਰਭੂ ਦੇ ਦਰ ਤੇ) ਉਸ ਨੂੰ ਆਦਰ ਮਿਲਦਾ ਹੈ, ਗੁਰੂ ਦੇ ਬਚਨਾਂ ਉਤੇ ਤੁਰ ਕੇ ਉਹ ਸੰਸਾਰਕ ਡਰ ਮੁਕਾ ਲੈਂਦਾ ਹੈ।
746	18	ਨਾਨਕ ਸਚਾ ਪਾਤਿਸਾਹੁ ਆਪੇ ਲਏ ਮਿਲਾਇ॥੪॥੧੦॥		Naanak Sachaa Paathisaahu Aapae Leae Milaae ||4||10||	O Nanak, the True King absorbs us into Himself. ||4||10||	ਤੇ ਹੇ ਨਾਨਕ! ਸਦਾ-ਥਿਰ ਰਹਿਣ ਵਾਲਾ ਪ੍ਰਭੂ-ਪਾਤਿਸ਼ਾਹ ਉਸ ਨੂੰ ਆਪ ਹੀ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ॥੪॥੧੦॥
747	18	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	ਰਾਗ ਸਿਰੀਰਾਗ ਵਿੱਚ ਗੁਰੂ ਨਾਨਕ ਦੀ ਬਾਣੀ।

748	18	ਭਲੀ ਸਰੀ ਜਿ ਉਬਰੀ ਹਉਮੈ ਮੁਈ ਘਰਾਹੁ॥	(ਸਰੀ) ਹੋਈ। (ਉਬਰੀ) ਬਚ ਗਈ। ਹਿਰਦੇ ਰੂਪੀ (ਘਰਾਹੁ)ਘਰੋਂ	Bhalee Saree J Oubaree Houmai Muee Gharaahu ||	It all worked out-I was saved, and the egotism within my heart was subdued.	(ਮੇਰੇ ਵਾਸਤੇ ਬਹੁਤ) ਚੰਗਾ ਹੋਇਆ ਕਿ ਮੇਰੀ ਜਿੰਦ ਵਿਕਾਰਾਂ ਤੋਂ ਬਚ ਗਈ, ਮੇਰੇ ਹਿਰਦੇ ਵਿਚੋਂ ਹਉਮੈ ਮਰ ਗਈ।
749	18	ਦੂਤ ਲਗੇ ਫਿਰਿ ਚਾਕਰੀ ਸਤਿਗੁਰ ਕਾ ਵੇਸਾਹੁ॥	(ਵੇਸਾਹੁ)ਭਰੋਸਾ। ਲੱਗੇ	Dhooth Lagae Fir Chaakaree Sathigur Kaa Vaesaahu ||	The evil energies have been made to serve me, since I placed my faith in the True Guru.	ਮੈਨੂੰ ਆਪਣੇ ਗੁਰੂ ਦੀ ਥਾਪਣਾ ਮਿਲੀ, ਤੇ ਵਿਕਾਰ (ਮੈਨੂੰ ਖ਼ੁਆਰ ਕਰਨ ਦੇ ਥਾਂ) ਉਲਟੇ ਮੇਰੇ ਵੱਸ ਵਿਚ ਹੋ ਗਏ।
750	18	ਕਲਪ ਤਿਆਗੀ ਬਾਦਿ ਹੈ ਸਚਾ ਵੇਪਰਵਾਹੁ॥੧॥	(ਕਲਪ) ਕਲਪਣਾ। (ਬਾਦਿ) ਬਿਅਰਥ। (ਵੇਪਰਵਾਹੁ) ਭੈ-ਰਹਿਤ, ਨਿਰਇੱਛਤ। ਕਲਪ: ਪੋਲਾ ਬੋਲੋ	Kalap Thiaagee Baadh Hai Sachaa Vaeparavaahu ||1||	I have renounced my useless schemes, by the Grace of the True, Carefree Lord. ||1||	ਸਦਾ-ਥਿਰ ਰਹਿਣ ਵਾਲਾ ਬੇ-ਪਰਵਾਹ ਪ੍ਰਭੂ (ਮੈਨੂੰ ਮਿਲ ਪਿਆ), ਮੈਂ (ਮਾਇਆ-ਮੋਹ ਦੀ) ਵਿਅਰਥ ਕਲਪਣਾ ਛੱਡ ਦਿੱਤੀ ॥੧॥
751	18	ਮਨ ਰੇ ਸਚੁ ਮਿਲੈ ਭਉ ਜਾਇ॥		Man Rae Sach Milai Bho Jaae ||	O mind, meeting with the True One, fear departs.	ਹੇ (ਮੇਰੇ) ਮਨ! ਜਦੋਂ ਸਦਾ-ਥਿਰ ਪ੍ਰਭੂ ਮਿਲ ਪਏ, ਤਾਂ ਦੁਨੀਆ ਦਾ ਡਰ-ਸਹਮ ਦੂਰ ਹੋ ਜਾਂਦਾ ਹੈ।
752	18	ਭੈ ਬਿਨੁ ਨਿਰਭਉ ਕਿਉ ਥੀਐ ਗੁਰਮੁਖਿ ਸਬਦਿ ਸਮਾਇ॥੧॥ਰਹਾਉ॥		Bhai Bin Nirabho Kio Thheeai Guramukh Sabadh Samaae ||1|| Rehaao ||	Without the Fear of God, how can anyone become fearless? Become Gurmukh, and immerse yourself in the Shabad. ||1||Pause||	ਜਦ ਤਕ ਪਰਮਾਤਮਾ ਦਾ ਡਰ-ਅਦਬ ਮਨ ਵਿਚ ਨਾਹ ਹੋਵੇ, ਮਨੁੱਖ ਦੁਨੀਆ ਦੇ ਡਰਾਂ ਤੋਂ ਬਚ ਹੀ ਨਹੀਂ ਸਕਦਾ (ਤੇ ਪਰਮਾਤਮਾ ਦਾ ਡਰ-ਅਦਬ ਤਦੋਂ ਹੀ ਪੈਦਾ ਹੁੰਦਾ ਹੈ ਜਦੋਂ ਜੀਵ) ਗੁਰੂ ਦੀ ਰਾਹੀਂ ਸ਼ਬਦ ਵਿਚ ਜੁੜਦਾ ਹੈ ॥੧॥ ਰਹਾਉ ॥

753	18	ਕੇਤਾ ਆਖਣੁ ਆਖੀਐ ਆਖਣਿ ਤੋਟਿ ਨ ਹੋਇ॥		Kaethaa Aakhan Aakheeai Aakhan Thott N Hoe ||	How can we describe Him with words? There is no end to the descriptions of Him.	ਮਨੁੱਖ ਦੁਨੀਆ ਵਾਲੀ ਮੰਗ ਕਿਤਨੀ ਹੀ ਮੰਗਦਾ ਰਹਿੰਦਾ ਹੈ, ਮੰਗ ਮੰਗਣ ਵਿਚ ਕਮੀ ਹੁੰਦੀ ਹੀ ਨਹੀਂ (ਭਾਵ, ਦੁਨੀਆਵੀ ਮੰਗ ਮੁੱਕਦੀ ਹੀ ਨਹੀਂ)।
754	18	ਮੰਗਣ ਵਾਲੇ ਕੇਤੜੇ ਦਾਤਾ ਏਕੋ ਸੋਇ॥	ਕੇੱਤੜੇ	Mangan Vaalae Kaetharrae Dhaathaa Eaeko Soe ||	There are so many beggars, but He is the only Giver.	(ਫਿਰ) ਬੇਅੰਤ ਜੀਵ ਹਨ ਮੰਗਾਂ ਮੰਗਣ ਵਾਲੇ, ਤੇ ਦੇਣ ਵਾਲਾ ਸਿਰਫ਼ ਇਕੋ ਪਰਮਾਤਮਾ ਹੈ (ਪਰ ਇਸ ਮੰਗਣ ਵਿਚ ਸੁਖ ਭੀ ਨਹੀਂ ਹੈ)।
755	18	ਜਿਸ ਕੇ ਜੀਅ ਪਰਾਣ ਹੈ ਮਨਿ ਵਸਿਐ ਸੁਖੁ ਹੋਇ॥੨॥		Jis Kae Jeea Paraan Hai Man Vasiai Sukh Hoe ||2||	He is the Giver of the soul, and the praanaa, the breath of life; when He dwells within the mind, there is peace. ||2||	ਜਿਸ ਪਰਮਾਤਮਾ ਨੇ ਜਿੰਦ ਪ੍ਰਾਣ ਦਿੱਤੇ ਹੋਏ ਹਨ, ਜੇ ਉਹ ਮਨੁੱਖ ਦੇ ਮਨ ਵਿਚ ਵੱਸ ਪਏ, ਤਦੋਂ ਹੀ ਸੁਖ ਹੁੰਦਾ ਹੈ ॥੨॥
756	18	ਜਗੁ ਸੁਪਨਾ ਬਾਜੀ ਬਨੀ ਖਿਨ ਮਹਿ ਖੇਲੁ ਖੇਲਾਇ॥	ਜੱਗੁ	Jag Supanaa Baajee Banee Khin Mehi Khael Khaelaae ||	The world is a drama, staged in a dream. In a moment, the play is played out.	ਜਗਤ (ਮਾਨੋ) ਸੁਪਨਾ ਹੈ, ਜਗਤ ਇਕ ਖੇਡ ਬਣੀ ਹੋਈ ਹੈ, ਜੀਵ ਇਕ ਖਿਨ ਵਿਚ (ਜ਼ਿੰਦਗੀ ਦੀ) ਖੇਡ ਖੇਡ ਕੇ ਚਲਾ ਜਾਂਦਾ ਹੈ।
757	18	ਸੰਜੋਗੀ ਮਿਲਿ ਏਕ ਸੇ ਵਿਜੋਗੀ ਉਠਿ ਜਾਇ॥	(ਏਕ) ਇੱਕ ਰਾਮਜੀ। (ਸੇ)ਸਾਥ। (ਵਿਜੋਗੀ)ਵਿੱਛੜੇ। (ਦੂਜਾ ਪਾਠ: ਏਕਸੇ)	Sanjogee Mil Eaekasae Vijogee Outh Jaae ||	Some attain union with the Lord, while others depart in separation.	(ਪ੍ਰਭੂ ਦੀ) ਸੰਜੋਗ-ਸੱਤਿਆ ਨਾਲ ਪ੍ਰਾਣੀ ਮਿਲ ਕੇ ਇਕੱਠੇ ਹੁੰਦੇ ਹਨ, ਵਿਜੋਗ-ਸੱਤਿਆ ਅਨੁਸਾਰ ਜੀਵ (ਇਥੋਂ) ਉੱਠ ਕੇ ਤੁਰ ਪੈਂਦਾ ਹੈ।

758	18	ਜੋ ਤਿਸੁ ਭਾਣਾ ਸੋ ਥੀਐ ਅਵਰੁ ਨ ਕਰਣਾ ਜਾਇ॥੩॥		Jo This Bhaanaa So Thheeai Avar N Karanaa Jaae ||3||	Whatever pleases Him comes to pass; nothing else can be done. ||3||	ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ, ਉਹੀ ਹੁੰਦਾ ਹੈ, (ਉਸ ਦੇ ਉਲਟ) ਹੋਰ ਕੁਝ ਨਹੀਂ ਕੀਤਾ ਜਾ ਸਕਦਾ ॥੩॥
759	18	ਗੁਰਮੁਖਿ ਵਸਤੁ ਵੇਸਾਹੀਐ ਸਚੁ ਵਖਰੁ ਸਚੁ ਰਾਸਿ॥	(ਵੇਸਾਹੀਐ)ਖ੍ਰੀਦਣਾ। ਵੱਖਰ	Guramukh Vasath Vaesaaheeai Sach Vakhar Sach Raas ||	The Gurmukhs purchase the Genuine Article. The True Merchandise is purchased with the True Capital.	ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਨਾਮ ਹੀ ਅਸਲ ਸੌਦਾ ਹੈ ਤੇ ਪੂੰਜੀ ਹੈ (ਜੋ ਵਿਹਾਝਣ ਲਈ ਜੀਵ ਇਥੇ ਆਇਆ ਹੈ) ਇਹ ਸੌਦਾ ਗੁਰੂ ਦੀ ਰਾਹੀਂ ਹੀ ਖ਼ਰੀਦਿਆ ਜਾ ਸਕਦਾ ਹੈ।
760	18	ਜਿਨੀ ਸਚੁ ਵਣੰਜਿਆ ਗੁਰ ਪੂਰੇ ਸਾਬਾਸਿ॥	(ਵਣੰਜਿਆ)ਵਪਾਰ ਕੀਤਾ	Jinee Sach Vananjiaa Gur Poorae Saabaas ||	Those who purchase this True Merchandise through the Perfect Guru are blessed.	ਜਿਨ੍ਹਾਂ ਬੰਦਿਆਂ ਨੇ ਇਹ ਸੱਚਾ ਸੌਦਾ ਖ਼ਰੀਦਿਆ ਹੈ ਉਹਨਾਂ ਨੂੰ ਪੂਰੇ ਗੁਰੂ ਦੀ ਥਾਪਣਾ ਮਿਲਦੀ ਹੈ।
761	18	ਨਾਨਕ ਵਸਤੁ ਪਛਾਣਸੀ ਸਚੁ ਸਉਦਾ ਜਿਸੁ ਪਾਸਿ॥੪॥੧੧॥	ਸਉੱਦਾ	Naanak Vasath Pashhaanasee Sach Soudhaa Jis Paas ||4||11||	O Nanak, one who stocks this True Merchandise shall recognize and realize the Genuine Article. ||4||11||	ਹੇ ਨਾਨਕ! ਜਿਸ ਦੇ ਪਾਸ ਇਹ ਸੱਚਾ ਸੌਦਾ ਹੁੰਦਾ ਹੈ, ਇਸ ਵਸਤ ਦੀ ਕਦਰ ਭੀ ਉਹੀ ਜਾਣਦਾ ਹੈ ॥੪॥੧੧॥
762	18	ਸਿਰੀਰਾਗੁ ਮਹਲੁ ੧॥	ਮਹੱਲੁ	Sireeraag Mehal 1 ||	Siree Raag, First Mehl:	

763	18	ਧਾਤੁ ਮਿਲੈ ਫੁਨਿ ਧਾਤੁ ਕਉ ਸਿਫਤੀ ਸਿਫਤਿ ਸਮਾਇ॥	ਜਿਵੇਂ ਸੋਨਾ ਜਿਸਤ ਕਲੀ ਸਿੱਕਾ ਚਾਂਦੀ ਪਿੱਤਲ ਤਾਂਬਾ ਲੋਹਾ ਅੱਠ ਧਾਤਾਂ ਨੂੰ ਗਰਮ ਕਰਨ ਤੋਂ ਧਾਤੁ, ਧਾਤੁ ਨਾਲ (ਫੁਨਿ)ਫੇਰ ਮਿਲ ਜਾਂਦੀ ਹੈ, ਜਿਵੇਂ ਸੋਨੇ ਦਾ ਗਹਿਣਾ ਵੱਖਰਾ ਹੁੰਦਾ ਹੈ, ਸੋਨੇ ਦੀ ਡਲ਼ੀ ਅਤੇ ਗਹਿਣੇ ਨੂੰ ਗਰਮ ਕਰਨ ਤੋਂ ਆਪੋ ਵਿੱਚ ਮਿਲ ਜਾਂਦੇ ਹਨ।	Dhhaath Milai Fun Dhhaath Ko Sifathee Sifath Samaae ||	As metal merges with metal, those who chant the Praises of the Lord are absorbed into the Praiseworthy Lord.	ਪ੍ਰਭੂ ਦੀ ਸਿਫ਼ਤ-ਸਾਲਾਹ ਕਰ ਕੇ ਗੁਣਾਂ ਦੇ ਮਾਲਕ ਪ੍ਰਭੂ ਵਿਚ ਮਨੁੱਖ ਇਉਂ ਲੀਨ ਹੋ ਜਾਂਦਾ ਹੈ, ਜਿਵੇਂ (ਸੋਨਾ ਆਦਿਕ ਕਿਸੇ ਧਾਤ ਦਾ ਬਣਿਆ ਹੋਇਆ ਜ਼ੇਵਰ ਢਲ ਕੇ) ਮੁੜ (ਉਸੇ) ਧਾਤ ਨਾਲ ਇੱਕ-ਰੂਪ ਹੋ ਜਾਂਦਾ ਹੈ।
764	18	ਲਾਲੁ ਗੁਲਾਲੁ ਗਹਬਰਾ ਸਚਾ ਰੰਗੁ ਚੜਾਉ॥	(ਗੁਲਾਲੁ)ਗਾੜ੍ਹਾ। (ਗਹਬਰਾ) ਲਾਲ ਸੁਰਖ਼ ਫ਼ੁੱਲ, ਚੜ੍ਹਾਉ	Laal Gulaal Gehabaraa Sachaa Rang Charraao ||	Like the poppies, they are dyed in the deep crimson color of Truthfulness.	(ਸਿਫ਼ਤ-ਸਾਲਾਹ ਦੀ ਬਰਕਤਿ ਨਾਲ) ਮਨੁੱਖ ਉੱਤੇ ਪੱਕਾ ਗੂੜ੍ਹਾ ਲਾਲ ਰੰਗ ਚੜ੍ਹ ਜਾਂਦਾ ਹੈ (ਮਨੁੱਖ ਦਾ ਚਿਹਰਾ ਚਮਕ ਉਠਦਾ ਹੈ)।
765	18	ਸਚੁ ਮਿਲੈ ਸੰਤੋਖੀਆ ਹਰਿ ਜਪਿ ਏਕੈ ਭਾਇ॥੧॥		Sach Milai Santhokheeaa Har Jap Eaekai Bhaae ||1||	Those contented souls who meditate on the Lord with single-minded love, meet the True Lord. ||1||	ਪਰ ਉਹ ਸਦਾ-ਥਿਰ ਪ੍ਰਭੂ ਉਹਨਾਂ ਸੰਤੋਖੀ ਜੀਵਨ ਵਾਲਿਆਂ ਨੂੰ ਹੀ ਮਿਲਦਾ ਹੈ ਜੋ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਕਰਦੇ ਉਸ ਇੱਕੋ ਦੇ ਪ੍ਰੇਮ ਵਿਚ ਹੀ (ਮਗਨ ਰਹਿੰਦੇ) ਹਨ ॥੧॥
766	18	ਭਾਈ ਰੇ ਸੰਤ ਜਨਾ ਕੀ ਰੇਣੁ॥		Bhaaee Rae Santh Janaa Kee Raen ||	O Siblings of Destiny, become the dust of the feet of the humble Saints.	ਹੇ ਭਾਈ! (ਪ੍ਰਭੂ ਦਾ ਦਰਸ਼ਨ ਕਰਨਾ ਹੈ ਤਾਂ) ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣ।

767	18	ਸੰਤ ਸਭਾ ਗੁਰੁ ਪਾਈਐ ਮੁਕਤਿ ਪਦਾਰਥੁ ਧੇਣੁ॥੧॥ਰਹਾਉ॥	(ਧੇਣੁ) ਕਾਮਧੇਨ। ਸੰਤ ਸਭਾ:ਪੋਲਾ ਬੋਲੋ। ਜਿੱਥੇ ਗੁਰਬਾਣੀ ਜੀ ਚ ਸਿਧ ਸਭਾ, ਗੁਰ ਸਭਾ ਆਦਿ ਅਤਉਣ, ਸਾਰੇ ਹੀ ਪੋਲੇ ਬੋਲੋ	Santh Sabhaa Gur Paaeeai Mukath Padhaarathh Dhhaen ||1|| Rehaao ||	In the Society of the Saints, the Guru is found. He is the Treasure of Liberation, the Source of all good fortune. ||1||Pause||	ਸੰਤ ਜਨਾਂ ਦੀ ਸਭਾ ਵਿਚ (ਸਤਸੰਗ ਵਿਚ) ਗੁਰੂ ਮਿਲਦਾ ਹੈ ਜੋ (ਮਾਨੋ) ਕਾਮਧੇਨ ਹੈ ਜਿਸ ਪਾਸੋਂ ਉਹ ਨਾਮ-ਪਦਾਰਥ ਮਿਲਦਾ ਹੈ ਜੋ ਵਿਕਾਰਾਂ ਤੋਂ ਬਚਾ ਲੈਂਦਾ ਹੈ ॥੧॥ ਰਹਾਉ ॥
768	18	ਊਚਉ ਥਾਨੁ ਸੁਹਾਵਣਾ ਊਪਰਿ ਮਹਲੁ ਮੁਰਾਰਿ॥		Oocho Thhaan Suhaavanaa Oopar Mehal Muraar ||	Upon that Highest Plane of Sublime Beauty, stands the Mansion of the Lord.	ਪਰਮਾਤਮਾ (ਦੇ ਰਹਿਣ) ਦਾ ਸੋਹਣਾ ਥਾਂ ਉੱਚਾ ਹੈ, ਉਸ ਦਾ ਮਹਲ (ਸਭ ਤੋਂ) ਉੱਪਰ ਹੈ।
769	18	ਸਚੁ ਕਰਣੀ ਦੇ ਪਾਈਐ ਦਰੁ ਘਰੁ ਮਹਲੁ ਪਿਆਰਿ॥		Sach Karanee Dhae Paaeeai Dhar Ghar Mehal Piaar ||	By true actions, this human body is obtained, and the door within ourselves which leads to the Mansion of the Beloved, is found.	ਉਸ ਦਾ ਦਰ ਉਸ ਦਾ ਘਰ ਮਹਲ ਪਿਆਰ ਦੀ ਰਾਹੀਂ ਲੱਭਦਾ ਹੈ, ਟਿਕਵਾਂ (ਚੰਗਾ) ਆਚਰਣ ਦੇ ਕੇ ਲੱਭੀਦਾ ਹੈ।
770	18	ਗੁਰਮੁਖਿ ਮਨੁ ਸਮਝਾਈਐ ਆਤਮ ਰਾਮੁ ਬੀਚਾਰਿ॥੨॥		Guramukh Man Samajhaaeeai Aatham Raam Beechaar ||2||	The Gurmukhs train their minds to contemplate the Lord, the Supreme Soul. ||2||	(ਪਰ ਉੱਚਾ ਆਚਰਨ ਭੀ ਸੌਖੀ ਖੇਡ ਨਹੀਂ, ਮਨ ਵਿਕਾਰਾਂ ਵਲ ਹੀ ਪ੍ਰੇਰਦਾ ਰਹਿੰਦਾ ਹੈ, ਤੇ) ਮਨ ਨੂੰ ਗੁਰੂ ਦੀ ਰਾਹੀਂ ਸਿੱਧੇ ਰਾਹੇ ਪਾਈਦਾ ਹੈ, ਸਰਬ-ਵਿਆਪੀ ਪ੍ਰਭੂ ਦੇ ਗੁਣਾਂ ਦੀ ਵਿਚਾਰ ਨਾਲ ਸਮਝਾਈਦਾ ਹੈ ॥੨॥

771	18	ਤ੍ਰਿਬਿਧਿ ਕਰਮ ਕਮਾਈਅਹਿ ਆਸ ਅੰਦੇਸਾ ਹੋਇ॥	ਰਜੋ, ਤਮੋ, ਸਤੋ, (ਤਰਿ ਬਿਧਿ)ਤਿੰਨਾਂ ਬਿਧੀਆਂ ਦੇ। (ਅੰਦੇਸਾ) ਸੰਸਾ। ਬਿਧਿ: ਪੋਲਾ ਬੋਲੋ	Thribidhh Karam Kamaaeeahi Aas Andhaesaa Hoe ||	By actions committed under the influence of the three qualities, hope and anxiety are produced.	(ਦੁਨੀਆ ਵਿਚ ਆਮ ਤੌਰ ਤੇ) ਮਾਇਆ ਦੇ ਤਿੰਨਾਂ ਗੁਣਾਂ ਦੇ ਅਧੀਨ ਰਹਿ ਕੇ ਹੀ ਕਰਮ ਕਰੀਦੇ ਹਨ, ਜਿਸ ਕਰਕੇ ਆਸਾ ਤੇ ਸੰਹਸਿਆਂ ਦਾ ਗੇੜ ਬਣਿਆ ਰਹਿੰਦਾ ਹੈ (ਇਹਨਾਂ ਦੇ ਕਾਰਨ ਮਨ ਵਿਚ ਖਿੱਝ ਬਣਦੀ ਹੈ)।
772	18	ਕਿਉ ਗੁਰ ਬਿਨੁ ਤ੍ਰਿਕੁਟੀ ਛੁਟਸੀ ਸਹਜਿ ਮਿਲਿਐ ਸੁਖੁ ਹੋਇ॥	(ਤਰਿ ਕੁਟੀ)ਤਿੰਨਾਂ ਗੁਣਾਂ ਦੀ। ਛੁੱਟਸੀ	Kio Gur Bin Thrikuttee Shhuttasee Sehaj Miliai Sukh Hoe ||	Without the Guru, how can anyone be released from these three qualities? Through intuitive wisdom, we meet with Him and find peace.	ਇਹ ਖਿੱਝ ਗੁਰੂ ਦੀ ਸ਼ਰਨ ਪੈਣ ਤੋਂ ਬਿਨਾ ਨਹੀਂ ਹਟਦੀ (ਗੁਰੂ ਦੀ ਰਾਹੀਂ ਹੀ ਅਡੋਲਤਾ ਪੈਦਾ ਹੁੰਦੀ ਹੈ), ਅਡੋਲਤਾ ਵਿਚ ਟਿਕੇ ਰਿਹਾਂ ਆਤਮਕ ਆਨੰਦ ਮਿਲਦਾ ਹੈ।
773	18	ਨਿਜ ਘਰਿ ਮਹਲੁ ਪਛਾਣੀਐ ਨਦਰਿ ਕਰੇ ਮਲੁ ਧੋਇ॥੩॥	(ਨਿਜ)ਆਪਣੇ। ਮਹਲੁ, ਮਲੁ: ਪੋਲੇ ਬੋਲੋ	Nij Ghar Mehal Pashhaaneeai Nadhar Karae Mal Dhhoe ||3||	Within the home of the self, the Mansion of His Presence is realized when He bestows His Glance of Grace and washes away our pollution. ||3||	ਜਦੋਂ ਪ੍ਰਭੂ ਮਿਹਰ ਦੀ ਨਜ਼ਰ ਕਰਦਾ ਹੈ, ਮਨੁੱਖ (ਆਪਣੇ ਮਨ ਦੀ) ਮੈਲ ਸਾਫ਼ ਕਰਦਾ ਹੈ (ਮਨ ਭਟਕਣੋਂ ਹਟ ਜਾਂਦਾ ਹੈ) ਤੇ ਅਡੋਲਤਾ ਵਿਚ ਪਰਮਾਤਮਾ ਦਾ ਟਿਕਾਣਾ (ਆਪਣੇ ਅੰਦਰ ਹੀ) ਪਛਾਣ ਲਈਦਾ ਹੈ ॥੩॥

774	18	ਬਿਨੁ ਗੁਰ ਮੈਲੁ ਨ ਉਤਰੈ ਬਿਨੁ ਹਰਿ ਕਿਉ ਘਰ ਵਾਸੁ॥		Bin Gur Mail N Outharai Bin Har Kio Ghar Vaas ||	Without the Guru, this pollution is not removed. Without the Lord, how can there be any homecoming?	ਗੁਰੂ ਤੋਂ ਬਿਨਾ ਮਨ ਦੀ ਮੈਲ ਨਹੀਂ ਧੁਪਦੀ, ਪਰਮਾਤਮਾ ਵਿਚ ਜੁੜਨ ਤੋਂ ਬਿਨਾ ਮਾਨਸਕ ਅਡੋਲਤਾ ਨਹੀਂ ਲੱਭਦੀ।
775	18	ਏਕੋ ਸਬਦੁ ਵੀਚਾਰੀਐ ਅਵਰ ਤਿਆਗੈ ਆਸ॥		Eaeko Sabadh Veechaareeai Avar Thiaagai Aas ||	Contemplate the One Word of the Shabad, and abandon other hopes.	(ਹੇ ਭਾਈ!) ਇਕ (ਰਾਜ਼ਕ) ਪ੍ਰਭੂ ਦੀ ਹੀ ਸਿਫ਼ਤ-ਸਾਲਾਹ ਵਿਚਾਰਨੀ ਚਾਹੀਦੀ ਹੈ (ਜੋ ਸਿਫ਼ਤ-ਸਾਲਾਹ ਕਰਦਾ ਹੈ ਉਹ) ਹੋਰ ਹੋਰ ਆਸਾਂ ਛੱਡ ਦੇਂਦਾ ਹੈ।
776	18	ਨਾਨਕ ਦੇਖਿ ਦਿਖਾਈਐ ਹਉ ਸਦ ਬਲਿਹਾਰੈ ਜਾਸੁ॥੪॥੧੨॥		Naanak Dhaekh Dhikhaaeeai Ho Sadh Balihaarai Jaas ||4||12||	O Nanak, I am forever a sacrifice to the one who beholds, and inspires others to behold Him. ||4||12||	ਹੇ ਨਾਨਕ! (ਆਖ-) ਜਿਹੜਾ ਗੁਰੂ ਆਪ ਪ੍ਰਭੂ ਦਾ ਦਰਸ਼ਨ ਕਰ ਕੇ ਮੈਨੂੰ ਦਰਸ਼ਨ ਕਰਾਉਂਦਾ ਹੈ, ਮੈਂ ਉਸ ਤੋਂ ਸਦਾ ਸਦਕੇ ਜਾਂਦਾ ਹਾਂ ॥੪॥੧੨॥
777	18	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
778	18	ਧ੍ਰਿਗੁ ਜੀਵਣੁ ਦੋਹਾਗਣੀ ਮੁਠੀ ਦੂਜੈ ਭਾਇ॥	(ਦੋਹਾਗਣੀ) ਰੱਬ ਨੂੰ ਭੁੱਲੀ ਹੋਈ ਛੁੱਟੜ।(ਮੁੱਠੀ) ਠੱਗੀ ਗਈ। (ਦੂਜੈ)ਦਵੈਤ। (ਭਾਇ)ਭਾਵ	Dhhrig Jeevan Dhohaaganee Muthee Dhoojai Bhaae ||	The life of the discarded bride is cursed. She is deceived by the love of duality.	ਜੇਹੜੀ ਭਾਗ-ਹੀਣ ਜੀਵ-ਇਸਤ੍ਰੀ (ਪ੍ਰਭੂ-ਪਤੀ ਤੋਂ ਬਿਨਾ ਮਾਇਆ ਆਦਿਕ) ਹੋਰ ਦੂਜੇ ਪਿਆਰ ਵਿਚ ਹੀ ਠੱਗੀ ਰਹਿੰਦੀ ਹੈ ਉਸ ਦਾ ਜੀਉਣਾ ਫਿਟਕਾਰ-ਜੋਗ ਹੀ ਹੈ।

779	18	ਕਲਰ ਕੇਰੀ ਕੰਧ ਜਿਉ ਅਹਿ ਨਿਸਿ ਕਿਰਿ ਢਹਿ ਪਾਇ॥	(ਕੇਰੀ)ਦੀ। (ਅਹਿ)ਦਿਨ। (ਨਿਸਿ)ਰਾਤ। ਕੱਲਰ	Kalar Kaeree Kandhh Jio Ahinis Kir Dtehi Paae ||	Like a wall of sand, day and night, she crumbles, and eventually, she breaks down altogether.	ਜਿਵੇਂ ਕੱਲਰ ਦੀ ਕੰਧ (ਸਹਜੇ ਸਹਜੇ) ਕਿਰਦੀ ਰਹਿੰਦੀ ਹੈ, ਤਿਵੇਂ ਉਸ ਦਾ ਆਤਮਕ ਜੀਵਨ ਭੀ ਦਿਨ ਰਾਤ (ਮਾਇਆ ਦੇ ਮੋਹ ਵਿਚ) ਕਿਰ ਕਿਰ ਕੇ ਢਹਿ-ਢੇਰੀ ਹੁੰਦਾ ਜਾਂਦਾ ਹੈ।
780	18	ਬਿਨੁ ਸਬਦੈ ਸੁਖੁ ਨਾ ਥੀਐ ਪਿਰ ਬਿਨੁ ਦੂਖੁ ਨ ਜਾਇ॥੧॥		Bin Sabadhai Sukh Naa Thheeai Pir Bin Dhookh N Jaae ||1||	Without the Word of the Shabad, peace does not come. Without her Husband Lord, her suffering does not end. ||1||	(ਸੁਖ ਦੀ ਖ਼ਾਤਰ ਉਹ ਦੌੜ-ਭੱਜ ਕਰਦੀ ਹੈ, ਪਰ) ਗੁਰੂ ਦੀ ਸਰਨ ਤੋਂ ਬਿਨਾ ਸੁਖ ਨਹੀਂ ਮਿਲ ਸਕਦਾ (ਮਾਇਆ ਦਾ ਮੋਹ ਤਾਂ ਸਗੋਂ ਦੁੱਖ ਹੀ ਦੁੱਖ ਪੈਦਾ ਕਰਦਾ ਹੈ, ਤੇ) ਪਤੀ-ਪ੍ਰਭੂ ਨੂੰ ਮਿਲਣ ਤੋਂ ਬਿਨਾ ਮਾਨਸਕ ਦੁੱਖ ਦੂਰ ਨਹੀਂ ਹੁੰਦਾ ॥੧॥
781	18	ਮੁੰਧੇ ਪਿਰ ਬਿਨੁ ਕਿਆ ਸੀਗਾਰੁ॥	ਜੁਆਨ ਹੋਵੇ ਪਰ, ਪਤੀ ਦੀ ਪ੍ਰਸੰਨਤਾ ਲੈਣ ਤੋਂਜੋ ਰਹਿਤ ਹੋਵੇ ਸੋ (ਮੁੰਧੇ)ਅਗਿਆਤ	Mundhhae Pir Bin Kiaa Seegaar ||	O soul-bride, without your Husband Lord, what good are your decorations?	ਹੇ ਮੂਰਖ ਜੀਵ ਇਸਤ੍ਰੀ! ਜੇ ਪਤੀ ਨ ਮਿਲੇ ਤਾਂ ਸ਼ਿੰਗਾਰ ਕਰਨ ਦਾ ਕੋਈ ਲਾਭ ਨਹੀਂ ਹੁੰਦਾ।

782	19	ਦਰਿ ਘਰਿ ਢੋਈ ਨ ਲਹੈ ਦਰਗਹ ਝੂਠੁ ਖੁਆਰੁ॥੧॥ਰਹਾਉ॥		Dhar Ghar Dtoee N Lehai Dharageh Jhooth Khuaar ||1|| Rehaao ||	In this world, you shall not find any shelter; in the world hereafter, being false, you shall suffer. ||1||Pause||	(ਜੋ ਜੀਵ-ਇਸਤ੍ਰੀ ਪ੍ਰੇਮ ਤੋਂ ਸੱਖਣੀ ਰਹਿ ਕੇ ਹੀ ਧਾਰਮਿਕ ਉੱਦਮ ਕਰਮ ਆਦਿਕ ਕਰੀ ਜਾਂਦੀ ਹੈ, ਪਰ ਉਸ ਦੇ ਅੰਦਰ ਮਾਇਆ-ਮੋਹ ਪ੍ਰਬਲ ਹੈ) ਉਹ ਪ੍ਰਭੂ ਦੇ ਦਰ ਤੇ ਪ੍ਰਭੂ ਦੇ ਘਰ ਵਿਚ ਆਸਰਾ ਨਹੀਂ ਲੈ ਸਕਦੀ, (ਕਿਉਂਕਿ) ਝੂਠ (ਭਾਵ, ਮਾਇਆ ਦਾ ਮੋਹ) ਪ੍ਰਭੂ ਦੀ ਹਜ਼ੂਰੀ ਵਿਚ ਦੁਰਕਾਰਿਆ ਹੀ ਜਾਂਦਾ ਹੈ ॥੧॥ ਰਹਾਉ ॥
783	19	ਆਪਿ ਸੁਜਾਣੁ ਨ ਭੁਲਈ ਸਚਾ ਵਡ ਕਿਰਸਾਣੁ॥	(ਸੁਜਾਣੁ)ਸ੍ਰੇਸਟ ਜਾਣੀਜਾਣ, ਚਤਰ ਅੰਤਰਜਾਮੀ। ਸੱਚੇ ਵਾਹਿਗੁਰੂ ਸੱਚੇ ਸਤਿਗੁਰੂ ਜੀ ਹੀ ਵੱਡੇ ਕਿਰਸਾਣੁ ਹਨ, ਗੁਰਸੇਵਕ ਜੀ ਦੇ ਰਿਦੇ ਚ ਸ਼ੁਭ ਗੁਣਾਂ ਨੂੰ ਬੀਜਦੇ ਪਾਲਦੇ ਹਨ। ਭੁੱਲਈ	Aap Sujaan N Bhulee Sachaa Vadd Kirasaan ||	The True Lord Himself knows all; He makes no mistakes. He is the Great Farmer of the Universe.	(ਕਿਸਾਨ ਆਪਣੇ ਰੋਜ਼ਾਨਾ ਤਜਰਬੇ ਤੋਂ ਜਾਣਦਾ ਹੈ ਕਿ ਬੀ ਬੀਜਣ ਤੋਂ ਪਹਿਲਾਂ ਧਰਤੀ ਨੂੰ ਕਿਵੇਂ ਤਿਆਰ ਕਰਨਾ ਹੈ ਤਾਂ ਕਿ ਫਸਲ ਚੰਗਾ ਲੱਗ ਸਕੇ) ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਵੱਡਾ ਕਿਸਾਨ ਹੈ, ਉਹ (ਬੜਾ) ਸਿਆਣਾ ਕਿਸਾਨ ਹੈ, ਉਹ ਗ਼ਲਤੀ ਨਹੀਂ ਖਾਂਦਾ।
784	19	ਪਹਿਲਾ ਧਰਤੀ ਸਾਧਿ ਕੈ ਸਚੁ ਨਾਮੁ ਦੇ ਦਾਣੁ॥		Pehilaa Dhharathee Saadhh Kai Sach Naam Dhae Dhaan ||	First, He prepares the ground, and then He plants the Seed of the True Name.	(ਜਿਸ ਹਿਰਦੇ-ਧਰਤੀ ਵਿਚ ਨਾਮ-ਬੀਜ ਬੀਜਣਾ ਹੁੰਦਾ ਹੈ) ਉਹ ਉਸ ਹਿਰਦੇ ਧਰਤੀ ਨੂੰ ਪਹਿਲਾਂ ਚੰਗੀ ਤਰ੍ਹਾਂ ਤਿਆਰ ਕਰਦਾ ਹੈ ਫਿਰ ਉਸ ਵਿਚ ਸੱਚੇ ਨਾਮ ਦਾ ਬੀਜ ਬੀਜਦਾ ਹੈ।

785	19	ਨਉ ਨਿਧਿ ਉਪਜੈ ਨਾਮੁ ਏਕੁ ਕਰਮਿ ਪਵੈ ਨੀਸਾਣੁ॥੨॥		No Nidhh Oupajai Naam Eaek Karam Pavai Neesaan ||2||	The nine treasures are produced from Name of the One Lord. By His Grace, we obtain His Banner and Insignia. ||2||	ਉਥੇ ਨਾਮ ਉੱਗਦਾ ਹੈ, (ਮਾਨੋ) ਨੌ ਖ਼ਜ਼ਾਨੇ ਪੈਦਾ ਹੋ ਜਾਂਦੇ ਹਨ, ਪ੍ਰਭੂ ਦੀ ਮਿਹਰ ਨਾਲ (ਉਸ ਹਿਰਦੇ ਵਿਚ ਕੀਤੀ ਮਿਹਨਤ) ਕਬੂਲ ਪੈਂਦੀ ਹੈ ॥੨॥
786	19	ਗੁਰ ਕਉ ਜਾਣਿ ਨ ਜਾਣਈ ਕਿਆ ਤਿਸੁ ਚਜੁ ਅਚਾਰੁ॥	(ਜਾਣਿ) ਜਾਣੀਜਾਣ। (ਅਚਾਰ) ਕਰਤੱਬ। ਚੱਜੁ	Gur Ko Jaan N Jaanee Kiaa This Chaj Achaar ||	Some are very knowledgeable, but if they do not know the Guru, then what is the use of their lives?	ਜੇਹੜਾ ਮਨੁੱਖ ਜਾਣ ਬੁੱਝ ਕੇ ਗੁਰੂ (ਦੀ ਬਜ਼ੁਰਗੀ) ਨੂੰ ਨਹੀਂ ਸਮਝਦਾ ਉਸ ਦਾ ਸਾਰਾ ਜੀਵਨ-ਢੰਗ ਕੋਝਾ ਹੈ।
787	19	ਅੰਧੁਲੈ ਨਾਮੁ ਵਿਸਾਰਿਆ ਮਨਮੁਖਿ ਅੰਧ ਗੁਬਾਰੁ॥		Andhhulai Naam Visaariaa Manamukh Andhh Gubaar ||	The blind have forgotten the Naam, the Name of the Lord. The self-willed manmukhs are in utter darkness.	(ਆਤਮਕ ਰੌਸ਼ਨੀ ਵਲੋਂ) ਉਸ ਅੰਨ੍ਹੇ ਨੇ ਪ੍ਰਭੂ ਦਾ ਨਾਮ ਵਿਸਾਰਿਆ ਹੈ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਨੂੰ (ਜੀਵਨ-ਪੰਧ ਵਿਚ) ਘੁੱਪ ਹਨੇਰਾ ਹੀ ਹਨੇਰਾ ਰਹਿੰਦਾ ਹੈ।
788	19	ਆਵਣੁ ਜਾਣੁ ਨ ਚੁਕਈ ਮਰਿ ਜਨਮੈ ਹੋਇ ਖੁਆਰੁ॥੩॥	ਚੁੱਕਈ	Aavan Jaan N Chukee Mar Janamai Hoe Khuaar ||3||	Their comings and goings in reincarnation do not end; through death and rebirth, they are wasting away. ||3||	ਉਸ ਦਾ ਜਨਮ ਮਰਨ ਦਾ ਗੇੜ ਨਹੀਂ ਮੁੱਕਦਾ ਉਹ ਨਿੱਤ ਜੰਮਦਾ ਹੈ ਮਰਦਾ ਹੈ, ਜੰਮਦਾ ਹੈ, ਮਰਦਾ ਹੈ ਤੇ ਖ਼ੁਆਰ ਹੁੰਦਾ ਰਹਿੰਦਾ ਹੈ ॥੩॥

789	19	ਚੰਦਨੁ ਮੋਲਿ ਅਣਾਇਆ ਕੁੰਗੂ ਮਾਂਗ ਸੰਧੂਰੁ॥		Chandhan Mol Anaaeiaa Kungoo Maang Sandhhoor ||	The bride may buy sandalwood oil and perfumes, and apply them in great quantities to her hair;	(ਕਿਸੇ ਇਸਤ੍ਰੀ ਨੇ ਆਪਣੇ ਪਤੀ ਨੂੰ ਪ੍ਰਸੰਨ ਕਰਨ ਲਈ ਆਪਣੇ ਸਰੀਰਕ ਸ਼ਿੰਗਾਰ ਵਾਸਤੇ) ਚੰਦਨ ਮੁੱਲ ਮੰਗਾਇਆ, ਕੇਸਰ ਮੰਗਾਇਆ, ਸਿਰ ਦੇ ਕੇਸਾਂ ਦੇ ਚੀਰ ਸੁੰਦਰ ਬਣਾਣ ਲਈ ਸੰਧੂਰ ਮੰਗਾਇਆ।
790	19	ਚੋਆ ਚੰਦਨੁ ਬਹੁ ਘਣਾ ਪਾਨਾ ਨਾਲਿ ਕਪੂਰੁ॥		Choaa Chandhan Bahu Ghanaa Paanaa Naal Kapoor ||	She may sweeten her breath with betel leaf and camphor,	ਅਤਰ ਚੰਦਨ ਤੇ ਹੋਰ ਸੁਗੰਧੀਆਂ ਮੰਗਾਈਆਂ, ਪਾਨ ਮੰਗਾਏ ਤੇ ਕਪੂਰ ਮੰਗਾਇਆ।
791	19	ਜੇ ਧਨ ਕੰਤਿ ਨ ਭਾਵਈ ਤ ਸਭਿ ਅਡੰਬਰ ਕੂੜੁ॥੪॥	(ਅਡੰਬਰ)ਹਾਰ ਸ਼ਿੰਗਾਰ	Jae Dhhan Kanth N Bhaavee Th Sabh Addanbar Koorr ||4||	But if this bride is not pleasing to her Husband Lord, then all these trappings are false. ||4||	ਪਰ ਜੇ ਉਹ ਇਸਤ੍ਰੀ ਪਤੀ ਨੂੰ (ਫਿਰ ਭੀ) ਚੰਗੀ ਨ ਲੱਗੀ, ਤਾਂ ਉਸ ਦੇ ਉਹ ਵਿਖਾਵੇ ਦੇ ਸਾਰੇ ਉੱਦਮ ਵਿਅਰਥ ਗਏ (ਇਹੀ ਹਾਲ ਜੀਵ-ਇਸਤ੍ਰੀ ਦਾ ਹੈ, ਪਤੀ-ਪ੍ਰਭੂ ਵਿਖਾਵੇ ਦੇ ਧਾਰਮਿਕ ਉੱਦਮਾਂ ਨਾਲ ਨਹੀਂ ਰੀਝਦਾ) ॥੪॥
792	19	ਸਭਿ ਰਸ ਭੋਗਣ ਬਾਦਿ ਹਹਿ ਸਭਿ ਸੀਗਾਰ ਵਿਕਾਰ॥	(ਬਾਦਿ)ਬੇਅਰਥ	Sabh Ras Bhogan Baadh Hehi Sabh Seegaar Vikaar ||	Her enjoyment of all pleasures is futile, and all her decorations are corrupt.	ਅਜੇਹੇ ਮਨੁੱਖ ਦੇ ਸਾਰੇ ਸੁੰਦਰ ਪਦਾਰਥ ਵਰਤਣੇ ਵਿਅਰਥ ਚਲੇ ਜਾਂਦੇ ਹਨ (ਕਿਉਂਕਿ ਪਦਾਰਥਾਂ ਨੂੰ ਭੋਗਣ ਵਾਲਾ ਸਰੀਰ ਤਾਂ ਅੰਤ ਸੁਆਹ ਹੋ ਜਾਂਦਾ ਹੈ) ਸਾਰੀਆਂ ਸਰੀਰਕ ਸਜਾਵਟਾਂ ਭੀ ਬੇ-ਕਾਰ ਹੀ ਜਾਂਦੀਆਂ ਹਨ।

793	19	ਜਬ ਲਗੁ ਸਬਦਿ ਨ ਭੇਦੀਐ ਕਿਉ ਸੋਹੈ ਗੁਰਦੁਆਰਿ॥	(ਭੇਦੀਐ) ਲੀਨ ਹੋਈਐ	Jab Lag Sabadh N Bhaedheeai Kio Sohai Guradhuaar ||	Until she has been pierced through with the Shabad, how can she look beautiful at Guru's Gate?	ਜਦ ਤਕ ਮਨੁੱਖ ਦਾ ਮਨ ਗੁਰੂ ਦੇ ਸ਼ਬਦ (-ਤੀਰ) ਨਾਲ ਵਿੱਝਦਾ ਨਹੀਂ, ਤਦ ਤਕ ਗੁਰੂ ਦੇ ਦਰ ਤੇ ਸੋਭਾ ਨਹੀਂ ਮਿਲਦੀ।
794	19	ਨਾਨਕ ਧੰਨੁ ਸੁਹਾਗਣੀ ਜਿਨ ਸਹ ਨਾਲਿ ਪਿਆਰੁ॥੫॥੧੩॥		Naanak Dhhann Suhaaganee Jin Seh Naal Piaar ||5||13||	O Nanak, blessed is that fortunate bride, who is in love with her Husband Lord. ||5||13||	ਹੇ ਨਾਨਕ! ਉਹੀ ਭਾਗਾਂ ਵਾਲੀਆਂ ਜੀਵ-ਇਸਤ੍ਰੀਆਂ ਮੁਬਾਰਿਕ ਹਨ ਜਿਨ੍ਹਾਂ ਦਾ ਪ੍ਰਭੂ-ਪਤੀ ਨਾਲ ਪ੍ਰੇਮ ਬਣਿਆ ਰਹਿੰਦਾ ਹੈ ॥੫॥੧੩॥
795	19	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
796	19	ਸੁੰਞੀ ਦੇਹ ਡਰਾਵਣੀ ਜਾ ਜੀਉ ਵਿਚਹੁ ਜਾਇ॥	(ਸੁੰਞੀ)ਖਾਲੀ	Sunnjee Dhaeh Ddaraavanee Jaa Jeeo Vichahu Jaae ||	The empty body is dreadful, when the soul goes out from within.	ਜਦੋਂ ਜਿੰਦ ਸਰੀਰ ਵਿਚੋਂ ਨਿਕਲ ਜਾਂਦੀ ਹੈ, ਤਾਂ ਇਹ ਸਰੀਰ ਉੱਜੜ ਜਾਂਦਾ ਹੈ, ਇਸ ਤੋਂ ਡਰ ਲੱਗਣ ਲੱਗ ਪੈਂਦਾ ਹੈ।

797	19	ਭਾਹਿ ਬਲੰਦੀ ਵਿਝਵੀ ਧੂਉ ਨ ਨਿਕਸਿਓ ਕਾਇ॥	(ਭਾਹਿ)ਅੱਗ। (ਬਲੰਦੀ)ਬਲ਼ਦੀ। ਵਿਝਵੀ:ਪੋਲਾ ਬੋਲੋ। (ਵਿਝਵੀ)ਬੁਝ ਗਈ। (ਧੂ-ਉ) ਧੂੰਆਂ। ਧੂਉ: ਦੁਲੈਂਕੜੇ ਦੀਰਘ ਲਾ ਕੇ, ਊੜੇ ਨੂੰ ਔਂਕੜ ਸੰਕੋਚ ਕੇ ਬੋਲੋ	Bhaahi Balandhee Vijhavee Dhhooo N Nikasiou Kaae ||	The burning fire of life is extinguished, and the smoke of the breath no longer emerges.	ਜੇਹੜੀ ਜੀਵਨ-ਅਗਨੀ (ਪਹਿਲਾਂ ਇਸ ਵਿਚ) ਬਲਦੀ ਸੀ ਉਹ ਬੁੱਝ ਜਾਂਦੀ ਹੈ (ਜੀਵਨ-ਸੱਤਿਆ ਮੁੱਕ ਜਾਂਦੀ ਹੈ), ਕੋਈ ਭੀ ਸਾਹ ਨਹੀਂ ਆਉਂਦਾ ਜਾਂਦਾ।
798	19	ਪੰਚੇ ਰੁੰਨੇ ਦੁਖਿ ਭਰੇ ਬਿਨਸੇ ਦੂਜੈ ਭਾਇ॥੧॥	(ਰੁੰਨੇ)ਰੋਂਦੇ। (ਬਿਨਸੇ)ਨਾਸ ਹੋਏ	Panchae Runnae Dhukh Bharae Binasae Dhoojai Bhaae ||1||	The five relatives (the senses) weep and wail painfully, and waste away through the love of duality. ||1||	(ਅੱਖਾਂ ਕੰਨ ਆਦਿਕ) ਜੇਹੜੇ ਪੰਜ ਗਿਆਨ-ਇੰਦ੍ਰੇ (ਪਰ-ਤਨ ਨਿੰਦਾ ਆਦਿਕ) ਮਾਇਕ ਮੋਹ ਵਿਚ ਹੀ ਨਾਸ ਹੁੰਦੇ ਰਹੇ, ਉਹ ਵੀ ਦੁਖੀ ਹੋ ਹੋ ਕੇ ਰੋਏ (ਭਾਵ, ਨਕਾਰੇ ਹੋ ਜਾਣ ਤੇ ਮਜਬੂਰ ਹੋ ਗਏ) ॥੧॥
799	19	ਮੂੜੇ ਰਾਮੁ ਜਪਹੁ ਗੁਣ ਸਾਰਿ॥	(ਮੂੜੇ) ਮੂਰਖ	Moorrae Raam Japahu Gun Saar ||	You fool: chant the Name of the Lord, and preserve your virtue.	ਹੇ ਮੂਰਖ ਜੀਵ! (ਉਸ ਅੰਤਲੀ ਦਸ਼ਾ ਨੂੰ ਸਾਹਮਣੇ ਲਿਆ ਕੇ) ਪਰਮਾਤਮਾ ਦੇ ਗੁਣ ਚੇਤੇ ਕਰ, ਪ੍ਰਭੂ ਦਾ ਨਾਮ ਜਪ।
800	19	ਹਉਮੈ ਮਮਤਾ ਮੋਹਣੀ ਸਭ ਮੁਠੀ ਅਹੰਕਾਰਿ॥੧॥ਰਹਾਉ॥	(ਮੁਠੀ) ਠੱਗੀ।ਅਹੰ-ਕਾਰਿ	Houmai Mamathaa Mohanee Sabh Muthee Ahankaar ||1|| Rehaao ||	Egotism and possessiveness are very enticing; egotistical pride has plundered everyone. ||1||Pause||	ਸਾਰੀ ਸ੍ਰਿਸ਼ਟੀ (ਗਾਫ਼ਿਲ ਹੋ ਕੇ) ਮੋਹਣੀ ਮਾਇਆ ਦੀ ਮਮਤਾ ਵਿਚ ਹਉਮੈ ਵਿਚ ਤੇ ਅਹੰਕਾਰ ਵਿਚ ਠੱਗੀ ਜਾ ਰਹੀ ਹੈ ॥੧॥ ਰਹਾਉ ॥

801	19	ਜਿਨੀ ਨਾਮੁ ਵਿਸਾਰਿਆ ਦੂਜੀ ਕਾਰੈ ਲਗਿ॥	(ਕਾਰੈ) ਧੰਦੇ। ਲੱਗਿ	Jinee Naam Visaariaa Dhoojee Kaarai Lag ||	Those who have forgotten the Naam, the Name of the Lord, are attached to affairs of duality.	ਜਿਨ੍ਹਾਂ ਬੰਦਿਆਂ ਨੇ ਹੋਰ ਹੋਰ ਨਿਰੀ ਦੁਨੀਆਵੀ ਕਾਰ ਵਿਚ ਲੱਗ ਕੇ ਪਰਮਾਤਮਾ ਦਾ ਨਾਮ ਭੁਲਾ ਦਿੱਤਾ ਹੈ,
802	19	ਦੁਬਿਧਾ ਲਾਗੇ ਪਚਿ ਮੁਏ ਅੰਤਰਿ ਤ੍ਰਿਸਨਾ ਅਗਿ॥	ਪਚਿ: ਪੋਲਾ ਬੋਲੋ। (ਦੁਬਿਧਾ) ਦਵੈਤ। ਅੱਗਿ	Dhubidhhaa Laagae Pach Mueae Anthar Thrisanaa Ag ||	Attached to duality, they putrefy and die; they are filled with the fire of desire within.	ਉਹ ਸਦਾ ਮੇਰ-ਤੇਰ ਵਿਚ ਫਸੇ ਰਹੇ, ਉਹਨਾਂ ਦੇ ਅੰਦਰ ਤ੍ਰਿਸ਼ਨਾ ਦੀ ਅੱਗ ਭੜਕਦੀ ਰਹੀ, ਜਿਸ ਵਿਚ ਖਿੱਝ ਸੜ ਕੇ ਉਹ ਆਤਮਕ ਮੌਤ ਮਰ ਗਏ।
803	19	ਗੁਰਿ ਰਾਖੇ ਸੇ ਉਬਰੇ ਹੋਰਿ ਮੁਠੀ ਧੰਧੈ ਠਗਿ॥੨॥	(ਉੱਬਰੇ) ਬਚੇ। ਠੱਗਿ	Gur Raakhae Sae Oubarae Hor Muthee Dhhandhhai Thag ||2||	Those who are protected by the Guru are saved; all others are cheated and plundered by deceitful worldly affairs. ||2||	ਜਿਨ੍ਹਾਂ ਦੀ ਰਾਖੀ ਗੁਰੂ ਨੇ ਕੀਤੀ, ਉਹ ਤ੍ਰਿਸ਼ਨਾ-ਅੱਗ ਤੋਂ ਬੱਚ ਗਏ, ਬਾਕੀ ਸਭਨਾਂ ਨੂੰ ਦੁਨੀਆ ਦੇ ਖੱਲਜਗਣ-ਠੱਗ ਨੇ ਠੱਗ ਲਿਆ ॥੨॥
804	19	ਮੁਈ ਪਰੀਤਿ ਪਿਆਰੁ ਗਇਆ ਮੁਆ ਵੈਰੁ ਵਿਰੋਧੁ॥	(ਮੁਈ) ਮੁਆ। ਮੁਈ: ਔਂਕੜ ਸੰਕੋਚਣੇ। ਗ-ਇਆ	Muee Pareeth Piaar Gaeiaa Muaa Vair Virodhh ||	Love dies, and affection vanishes. Hatred and alienation die.	ਉਸ ਦੀ ਦੁਨੀਆਵੀ ਪ੍ਰੀਤ ਮੁੱਕ ਜਾਂਦੀ ਹੈ ਉਸ ਦਾ ਮਾਇਕ ਪਦਾਰਥਾਂ ਨਾਲ ਪਿਆਰ ਖ਼ਤਮ ਹੋ ਜਾਂਦਾ ਹੈ, ਉਸ ਦਾ ਕਿਸੇ ਨਾਲ ਵੈਰ-ਵਿਰੋਧ ਨਹੀਂ ਰਹਿ ਜਾਂਦਾ।

805	19	ਧੰਧਾ ਥਕਾ ਹਉ ਮੁਈ ਮਮਤਾ ਮਾਇਆ ਕ੍ਰੋਧੁ॥	ਥੱਕਾ	Dhhandhhaa Thhakaa Ho Muee Mamathaa Maaeiaa Krodhh ||	Entanglements end, and egotism dies, along with attachment to Maya, possessiveness and anger.	ਉਸ ਦੀ ਮਾਇਆ ਵਾਲੀ ਦੌੜ-ਭੱਜ ਮੁੱਕ ਜਾਂਦੀ ਹੈ, ਹਉਮੈ ਮਰ ਜਾਂਦੀ ਹੈ, ਮਾਇਆ ਦੀ ਮਮਤਾ ਖ਼ਤਮ ਹੋ ਜਾਂਦੀ ਹੈ, ਤੇ ਕ੍ਰੋਧ ਵੀ ਮਰ ਜਾਂਦਾ ਹੈ।
806	19	ਕਰਮਿ ਮਿਲੈ ਸਚੁ ਪਾਈਐ ਗੁਰਮੁਖਿ ਸਦਾ ਨਿਰੋਧੁ॥੩॥	ਇੰਦ੍ਰਿਆਂ ਦਾ (ਨਿਰੋਧੁ) ਰੋਕਣਾ	Karam Milai Sach Paaeeai Guramukh Sadhaa Nirodhh ||3||	Those who receive His Mercy obtain the True One. The Gurmukhs dwell forever in balanced restraint. ||3||	ਪਰ ਜੋ ਗੁਰਮੁਖਿ ਗਿਆਨ-ਇੰਦ੍ਰਿਆਂ ਨੂੰ ਸਦਾ ਰੋਕ ਕੇ ਰੱਖਦਾ ਹੈ ਉਸ ਨੂੰ ਪ੍ਰਭੂ ਦੀ ਕ੍ਰਿਪਾ ਨਾਲ ਉਸ ਪ੍ਰਭੂ ਦਾ ਮਿਲਾਪ ਹੋ ਜਾਂਦਾ ਹੈ ॥੩॥
807	19	ਸਚੀ ਕਾਰੈ ਸਚੁ ਮਿਲੈ ਗੁਰਮਤਿ ਪਲੈ ਪਾਇ॥	ਪੱਲੇ	Sachee Kaarai Sach Milai Guramath Palai Paae ||	By true actions, the True Lord is met, and the Guru's Teachings are found.	ਜੇਹੜਾ ਮਨੁੱਖ (ਸਿਮਰਨ ਦੀ) ਸਦਾ-ਟਿਕੀ ਰਹਿਣ ਵਾਲੀ ਕਾਰ ਵਿਚ ਲੱਗਾ ਰਹਿੰਦਾ ਹੈ ਉਸ ਨੂੰ ਸਦਾ-ਥਿਰ ਪ੍ਰਭੂ ਮਿਲ ਪੈਂਦਾ ਹੈ, ਉਸ ਨੂੰ ਗੁਰੂ ਦੀ ਸਿੱਖਿਆ ਪ੍ਰਾਪਤ ਹੋ ਜਾਂਦੀ ਹੈ।
808	19	ਸੋ ਨਰੁ ਜੰਮੈ ਨਾ ਮਰੈ ਨਾ ਆਵੈ ਨਾ ਜਾਇ॥		So Nar Janmai Naa Marai Naa Aavai Naa Jaae ||	Then, they are not subject to birth and death; they do not come and go in reincarnation.	ਉਹ ਮਨੁੱਖ ਮੁੜ ਮੁੜ ਜੰਮਦਾ ਮਰਦਾ ਨਹੀਂ ਰਹਿੰਦਾ, ਉਹ ਜਨਮ ਮਰਨ ਦੇ ਗੇੜ ਤੋਂ ਬੱਚ ਜਾਂਦਾ ਹੈ।
809	19	ਨਾਨਕ ਦਰਿ ਪਰਧਾਨੁ ਸੋ ਦਰਗਹਿ ਪੈਧਾ ਜਾਇ॥੪॥੧੪॥	(ਪੈਧਾ) ਸਿਰੋਪਾ	Naanak Dhar Paradhhaan So Dharagehi Paidhhaa Jaae ||4||14||	O Nanak, they are respected at the Lord's Gate; they are robed in honor in the Court of the Lord. ||4||14||	ਹੇ ਨਾਨਕ! ਉਹ ਮਨੁੱਖ ਪ੍ਰਭੂ ਦੇ ਦਰ ਤੇ ਸੁਰਖ਼ਰੂ ਹੁੰਦਾ ਹੈ, ਉਹ ਪ੍ਰਭੂ ਦੀ ਹਜ਼ੂਰੀ ਵਿਚ ਸਰੋਪਾ ਲੈ ਕੇ ਜਾਂਦਾ ਹੈ ॥੪॥੧੪॥

810	19	ਸਿਰੀਰਾਗੁ ਮਹਲੁ ੧॥	ਮਹੱਲੁ ਬੋਲੋ	Sireeraag Mehal 1 ||	Siree Raag, First Mehl:	
811	19	ਤਨੁ ਜਲਿ ਬਲਿ ਮਾਟੀ ਭਇਆ ਮਨੁ ਮਾਇਆ ਮੋਹਿ ਮਨੂਰੁ॥	(ਮਨੂਰੁ) ਲੋਹੇ ਦੀ ਮੈਲ ਵਰਗਾ	Than Jal Bal Maattee Bhaeiaa Man Maaeiaa Mohi Manoor ||	The body is burnt to ashes; by its love of Maya, the mind is rusted through.	(ਜਿਸ ਨੇ ਨਾਮ ਨਹੀਂ ਸਿਮਰਿਆ, ਉਸ ਦਾ) ਸਰੀਰ (ਵਿਕਾਰਾਂ ਵਿਚ ਹੀ) ਸੜ ਬਲ ਕੇ ਮਿੱਟੀ ਹੋ ਜਾਂਦਾ ਹੈ (ਰੁਲ ਜਾਂਦਾ ਹੈ), ਉਸ ਦਾ ਮਨ ਮਾਇਆ ਦੇ ਮੋਹ ਵਿਚ (ਫਸ ਕੇ, ਮਾਨੋ) ਸੜਿਆ ਹੋਇਆ ਲੋਹਾ ਬਣ ਜਾਂਦਾ ਹੈ।
812	19	ਅਉਗਣ ਫਿਰਿ ਲਾਗੂ ਭਏ ਕੂਰਿ ਵਜਾਵੈ ਤੂਰੁ॥	(ਲਾਗੂ) ਵੈਰੀ। (ਤੂਰੁ) ਬਾਜਾ	Aougan Fir Laagoo Bheae Koor Vajaavai Thoor ||	Demerits become one's enemies, and falsehood blows the bugle of attack.	ਫਿਰ ਵੀ ਵਿਕਾਰ ਉਸ ਦੀ ਖ਼ਲਾਸੀ ਨਹੀਂ ਕਰਦੇ, ਉਹ ਅਜੇ ਵੀ ਕੂੜ ਵਿਚ ਮਸਤ ਰਹਿ ਕੇ (ਮਾਇਆ ਦੇ ਮੋਹ ਦਾ) ਵਾਜਾ ਵਜਾਂਦਾ ਹੈ।
813	19	ਬਿਨੁ ਸਬਦੈ ਭਰਮਾਈਐ ਦੁਬਿਧਾ ਡੋਬੇ ਪੂਰੁ॥੧॥	(ਪੂਰੁ) ਬੇਅੰਤ	Bin Sabadhai Bharamaaeeai Dhubidhhaa Ddobae Poor ||1||	Without the Word of the Shabad, people wander lost in reincarnation. Through the love of duality, multitudes have been drowned. ||1||	ਗੁਰ-ਸ਼ਬਦ ਤੋਂ ਵਾਂਜਿਆਂ ਰਹਿ ਕੇ ਉਹ ਭਟਕਣਾ ਵਿਚ ਪਿਆ ਰਹਿੰਦਾ ਹੈ। ਦੁਬਿਧਾ ਉਸ ਮਨੁੱਖ ਦਾ (ਗਿਆਨ-ਇੰਦ੍ਰਿਆਂ ਦਾ) ਸਾਰਾ ਹੀ ਪਰਵਾਰ (ਮੋਹ ਦੇ ਸਮੁੰਦਰ ਵਿਚ) ਡੋਬ ਦੇਂਦੀ ਹੈ ॥੧॥
814	19	ਮਨ ਰੇ ਸਬਦਿ ਤਰਹੁ ਚਿਤੁ ਲਾਇ॥		Man Rae Sabadh Tharahu Chith Laae ||	O mind, swim across, by focusing your consciousness on the Shabad.	ਹੇ (ਮੇਰੇ) ਮਨ! ਗੁਰੂ ਦੇ ਸ਼ਬਦ ਵਿਚ ਚਿੱਤ ਜੋੜ (ਤੇ ਇਸ ਤਰ੍ਹਾਂ ਸੰਸਾਰ-ਸਮੁੰਦਰ ਦੇ ਵਿਕਾਰਾਂ ਤੋਂ) ਪਾਰ ਲੰਘ।

815	19	ਜਿਨਿ ਗੁਰਮੁਖਿ ਨਾਮੁ ਨ ਬੂਝਿਆ ਮਰਿ ਜਨਮੈ ਆਵੈ ਜਾਇ॥੧॥ਰਹਾਉ॥	(ਗੁਰਮੁਖਿ) ਮੁਖੀ ਗੁਰੂ ਦੁਆਰਾ	Jin Guramukh Naam N Boojhiaa Mar Janamai Aavai Jaae ||1|| Rehaao ||	Those who do not become Gurmukh do not understand the Naam; they die, and continue coming and going in reincarnation. ||1||Pause||	ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਨਾਲ ਸਾਂਝ ਨਹੀਂ ਪਾਈ, ਉਹ ਮਰਦਾ ਹੈ ਜੰਮਦਾ ਹੈ ਜੰਮਦਾ ਹੈ ਮਰਦਾ ਹੈ ॥੧॥ ਰਹਾਉ ॥
816	19	ਤਨੁ ਸੂਚਾ ਸੋ ਆਖੀਐ ਜਿਸੁ ਮਹਿ ਸਾਚਾ ਨਾਉ॥		Than Soochaa So Aakheeai Jis Mehi Saachaa Naao ||	That body is said to be pure, in which the True Name abides.	ਜਿਸ ਸਰੀਰ ਵਿਚ ਸਦਾ-ਥਿਰ ਪ੍ਰਭੂ ਦਾ ਨਾਮ ਟਿਕਿਆ ਰਹਿੰਦਾ ਹੈ ਉਹੀ ਸਰੀਰ ਪਵਿਤ੍ਰ ਅਖਵਾ ਸਕਦਾ ਹੈ।
817	19	ਭੈ ਸਚਿ ਰਾਤੀ ਦੇਹੁਰੀ ਜਿਹਵਾ ਸਚੁ ਸੁਆਉ॥		Bhai Sach Raathee Dhaehuree Jihavaa Sach Suaao ||	One whose body is imbued with the Fear of the True One, and whose tongue savors Truthfulness,	ਜੇਹੜਾ ਸੁੰਦਰ ਸਰੀਰ ਪਰਮਾਤਮਾ ਦੇ ਅਦਬ-ਪਿਆਰ ਵਿਚ ਪਰਮਾਤਮਾ ਦੀ ਯਾਦ ਵਿਚ ਰੰਗਿਆ ਰਹਿੰਦਾ ਹੈ, ਜਿਸ ਦੀ ਜੀਭ ਨੂੰ ਸਿਮਰਨ ਹੀ (ਆਪਣੀ ਹਸਤੀ ਦਾ) ਅਸਲ ਮਨੋਰਥ ਜਾਪਦਾ ਹੈ,
818	19	ਸਚੀ ਨਦਰਿ ਨਿਹਾਲੀਐ ਬਹੁੜਿ ਨ ਪਾਵੈ ਤਾਉ॥੨॥		Sachee Nadhar Nihaaleeai Bahurr N Paavai Thaao ||2||	Is brought to ecstasy by the True Lord's Glance of Grace. That person does not have to go through the fire of the womb again. ||2||	ਜਿਸ ਉਸ ਉਤੇ ਪ੍ਰਭੂ ਦੀ ਮਿਹਰ ਦੀ ਨਜ਼ਰ ਹੁੰਦੀ ਹੈ, ਉਹ ਮੁੜ ਮੁੜ (ਚੌਰਾਸੀ ਦੇ ਗੇੜ ਦੀ ਕੁਠਾਲੀ ਵਿਚ ਪੈ ਕੇ) ਤਾਅ (ਸੇਕ) ਨਹੀਂ ਸਹਾਰਦਾ ॥੨॥

819	19	ਸਾਚੇ ਤੇ ਪਵਨਾ ਭਇਆ ਪਵਨੈ ਤੇ ਜਲੁ ਹੋਇ॥		Saachae Thae Pavanaa Bhaeiaa Pavanai Thae Jal Hoe ||	From the True Lord came the air, and from the air came water.	(ਉਸ ਨੂੰ ਇਹ ਯਕੀਨ ਬਣਿਆ ਰਹਿੰਦਾ ਹੈ ਕਿ) ਪਰਮਾਤਮਾ ਤੋਂ (ਸੂਖਮ ਤੱਤ) ਪਵਣ ਬਣਿਆ,
820	19	ਜਲ ਤੇ ਤ੍ਰਿਭਵਣੁ ਸਾਜਿਆ ਘਟਿ ਘਟਿ ਜੋਤਿ ਸਮੋਇ॥		Jal Thae Thribhavan Saajiaa Ghatt Ghatt Joth Samoe ||	From water, He created the three worlds; in each and every heart He has infused His Light.	ਪਵਣ ਤੋਂ ਜਲ ਹੋਂਦ ਵਿਚ ਆਇਆ, ਜਲ ਤੋਂ ਸਾਰਾ ਜਗਤ ਰਚਿਆ ਗਿਆ, (ਤੇ, ਇਸ ਰਚੇ ਸੰਸਾਰ ਦੇ) ਹਰੇਕ ਘਟ ਵਿਚ ਪਰਮਾਤਮਾ ਦੀ ਜੋਤਿ ਸਮਾਈ ਹੋਈ ਹੈ।
821	19	ਨਿਰਮਲੁ ਮੈਲਾ ਨਾ ਥੀਐ ਸਬਦਿ ਰਤੇ ਪਤਿ ਹੋਇ॥੩॥	(ਰੱਤੇ) ਰੰਗੇ ਜਾਣੇ ਕਰਕੇ	Niramal Mailaa Naa Thheeai Sabadh Rathae Path Hoe ||3||	The Immaculate Lord does not become polluted. Attuned to the Shabad, honor is obtained. ||3||	ਗੁਰੂ ਦੇ ਸ਼ਬਦ ਵਿਚ ਰੰਗੇ ਹੋਏ ਨੂੰ (ਲੋਕ ਪਰਲੋਕ ਵਿਚ) ਆਦਰ ਮਿਲਦਾ ਹੈ ਉਹ ਸਦਾ ਪਵਿਤ੍ਰ ਰਹਿੰਦਾ ਹੈ, ਉਸ ਨੂੰ ਵਿਕਾਰਾਂ ਦੀ ਮੈਲ ਨਹੀਂ ਲੱਗਦੀ ॥੩॥
822	19	ਇਹੁ ਮਨੁ ਸਾਚਿ ਸੰਤੋਖਿਆ ਨਦਰਿ ਕਰੇ ਤਿਸੁ ਮਾਹਿ॥		Eihu Man Saach Santhokhiaa Nadhar Karae This Maahi ||	One whose mind is contented with Truthfulness, is blessed with the Lord's Glance of Grace.	ਉਸ ਦਾ ਮਨ ਸਦਾ-ਥਿਰ ਪ੍ਰਭੂ ਵਿਚ ਟਿਕ ਕੇ ਸੰਤੋਖ ਦਾ ਧਾਰਨੀ ਹੋ ਜਾਂਦਾ ਹੈ, ਉਸ ਉੱਤੇ ਪ੍ਰਭੂ ਦੀ ਮਿਹਰ ਦੀ ਨਜ਼ਰ ਕਰੀ ਰੱਖਦਾ ਹੈ।
823	20	ਪੰਚ ਭੂਤ ਸਚਿ ਭੈ ਰਤੇ ਜੋਤਿ ਸਚੀ ਮਨ ਮਾਹਿ॥	(ਪੰਚ ਭੂਤ) ਪੰਜ ਤੱਤਾਂ ਦਾ ਸਰੀਰ	Panch Bhooth Sach Bhai Rathae Joth Sachee Man Maahi ||	The body of the five elements is dyed in the Fear of the True One; the mind is filled with the True Light.	ਉਸ ਦਾ ਸਾਰਾ ਸਰੀਰ ਪ੍ਰਭੂ ਦੀ ਯਾਦ ਵਿਚ ਪ੍ਰਭੂ ਦੇ ਅਦਬ ਵਿਚ ਰੰਗਿਆ ਰਹਿੰਦਾ ਹੈ, ਸਦਾ-ਥਿਰ ਪ੍ਰਭੂ ਦੀ ਜੋਤਿ ਸਦਾ ਉਸ ਦੇ ਮਨ ਵਿਚ ਟਿਕੀ ਰਹਿੰਦੀ ਹੈ।

824	20	ਨਾਨਕ ਅਉਗਣ ਵੀਸਰੇ ਗੁਰਿ ਰਾਖੇ ਪਤਿ ਤਾਹਿ॥੪॥੧੫॥	ਪਤਿ: ਪੋਲਾ ਬੋਲੋ	Naanak Aougan Veesarae Gur Raakhae Path Thaahi ||4||15||	O Nanak, your demerits shall be forgotten; the Guru shall preserve your honor. ||4||15||	ਹੇ ਨਾਨਕ! ਜਿਸ ਮਨੁੱਖ ਦੀ ਗੁਰੂ ਨੇ ਰਾਖੀ ਕੀਤੀ, ਉਸ ਨੂੰ (ਲੋਕ ਪਰਲੋਕ ਵਿਚ) ਇੱਜ਼ਤ ਮਿਲੀ, ਵਿਕਾਰ ਉਸ ਤੋਂ ਪਰੇ ਹਟ ਗਏ ॥੪॥੧੫॥{19-20}
825	20	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
826	20	ਨਾਨਕ ਬੇੜੀ ਸਚ ਕੀ ਤਰੀਐ ਗੁਰ ਵੀਚਾਰਿ॥		Naanak Baerree Sach Kee Thareeai Gur Veechaar ||	O Nanak, the Boat of Truth will ferry you across; contemplate the Guru.	ਹੇ ਨਾਨਕ! (ਸੰਸਾਰ ਇਕ ਅਥਾਹ ਸਮੁੰਦਰ ਹੈ) ਜੇ ਗੁਰੂ ਦੀ ਸਿੱਖਿਆ ਉੱਤੇ ਤੁਰ ਕੇ ਸਿਮਰਨ ਦੀ ਬੇੜੀ ਬਣਾ ਲਈਏ ਤਾਂ (ਇਸ ਸੰਸਾਰ ਸਮੁੰਦਰ ਤੋਂ) ਪਾਰ ਲੰਘ ਸਕੀਦਾ ਹੈ।
827	20	ਇਕਿ ਆਵਹਿ ਇਕਿ ਜਾਵਹੀ ਪੂਰਿ ਭਰੇ ਅਹੰਕਾਰਿ॥	ਅਹੰ-ਕਾਰਿ	Eik Aavehi Eik Jaavehee Poor Bharae Ahankaar ||	Some come, and some go; they are totally filled with egotism.	ਪਰ ਅਨੇਕਾਂ ਹੀ ਅਹੰਕਾਰੀ ਜੀਵ ਹਨ (ਜੋ ਆਪਣੀ ਹੀ ਅਕਲ ਦੇ ਮਾਣ ਵਿਚ ਰਹਿ ਕੇ ਕੁਰਾਹੇ ਪੈ ਕੇ) ਜੰਮਦੇ ਹਨ ਤੇ ਮਰਦੇ ਹਨ (ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ)
828	20	ਮਨ ਹਠਿ ਮਤੀ ਬੂਡੀਐ ਗੁਰਮੁਖਿ ਸਚੁ ਸੁ ਤਾਰਿ॥੧॥	(ਬੂਡੀਐ) ਡੁੱਬ ਜਾਂਦੇ। ਹਠਿ: ਪੋਲਾ ਬੋਲੋ	Manehath Mathee Booddeeai Guramukh Sach S Thaar ||1||	Through stubborn-mindedness, the intellect is drowned; one who becomes Gurmukh and truthful is saved. ||1||	ਆਪਣੀ ਅਕਲ ਦੇ ਹਠ ਤੇ ਤੁਰਿਆਂ (ਸੰਸਾਰ-ਸਮੁੰਦਰ ਦੇ ਵਿਕਾਰਾਂ ਵਿਚ) ਡੁੱਬੀਦਾ ਹੀ ਹੈ। ਜੋ ਮਨੁੱਖ ਗੁਰੂ ਦੇ ਰਾਹ ਉਤੇ ਤੁਰਦਾ ਹੈ ਉਸ ਨੂੰ ਪਰਮਾਤਮਾ ਪਾਰ ਲੰਘਾ ਲੈਂਦਾ ਹੈ ॥੧॥

829	20	ਗੁਰ ਬਿਨੁ ਕਿਉ ਤਰੀਐ ਸੁਖੁ ਹੋਇ॥		Gur Bin Kio Thareeai Sukh Hoe ||	Without the Guru, how can anyone swim across to find peace?	ਗੁਰੂ ਦੀ ਸਰਨ ਤੋਂ ਬਿਨਾ ਨਾਹ ਹੀ (ਇਸ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕੀਦਾ ਹੈ, ਨਾਹ ਹੀ ਆਤਮਕ ਅਨੰਦ ਮਿਲਦਾ ਹੈ।
830	20	ਜਿਉ ਭਾਵੈ ਤਿਉ ਰਾਖੁ ਤੂ ਮੈ ਅਵਰੁ ਨ ਦੂਜਾ ਕੋਇ॥੧॥ਰਹਾਉ॥		Jio Bhaavai Thio Raakh Thoo Mai Avar N Dhoojaa Koe ||1|| Rehaao ||	As it pleases You, Lord, You save me. There is no other for me at all. ||1||Pause||	(ਇਸ ਵਾਸਤੇ, ਹੇ ਮਨ! ਪ੍ਰਭੂ-ਦਰ ਤੇ ਅਰਦਾਸ ਕਰ ਤੇ ਆਖ-ਹੇ ਪ੍ਰਭੂ!) ਜਿਵੇਂ ਹੋ ਸਕੇ ਤੂੰ ਮੈਨੂੰ (ਗੁਰੂ ਦੀ ਸਰਨ ਵਿਚ) ਰੱਖ, (ਇਸ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘਣ ਵਾਸਤੇ) ਮੈਨੂੰ ਕੋਈ ਹੋਰ (ਆਸਰਾ) ਨਹੀਂ ਸੁੱਝਦਾ ॥੧॥ ਰਹਾਉ ॥
831	20	ਆਗੈ ਦੇਖਉ ਡਉ ਜਲੈ ਪਾਛੈ ਹਰਿਓ ਅੰਗੂਰੁ॥	(ਡਉ) ਜੰਗਲ ਦੀ ਅੱਗ। (ਅੰਗੂਰੁ) ਅਕੂਰ	Aagai Dhaekho Ddo Jalai Paashhai Hariou Angoor ||	In front of me, I see the jungle burning; behind me, I see green plants sprouting.	(ਜਗਤ ਇਕ ਜੰਗਲ ਸਮਾਨ ਹੈ ਜਿਸ ਵਿਚ ਅੱਗੇ ਅੱਗੇ ਤਾਂ ਅੱਗ ਲਗੀ ਹੋਈ ਹੈ, ਜੋ ਪਲੇ ਹੋਏ ਵੱਡੇ ਵੱਡੇ ਰੁੱਖਾਂ ਨੂੰ ਸਾੜਦੀ ਜਾਂਦੀ ਹੈ; ਤੇ ਪਿੱਛੇ ਪਿੱਛੇ ਨਵੇਂ ਕੋਮਲ ਬੂਟੇ ਉੱਗਦੇ ਜਾ ਰਹੇ ਹਨ), ਪਿੱਛੇ ਪਿੱਛੇ ਨਵੇਂ ਕੋਮਲ ਬਾਲ ਜੰਮਦੇ ਆ ਰਹੇ ਹਨ।

832	20	ਜਿਸ ਤੇ ਉਪਜੈ ਤਿਸ ਤੇ ਬਿਨਸੈ ਘਟਿ ਘਟਿ ਸਚੁ ਭਰਪੂਰਿ॥		Jis Thae Oupajai This Thae Binasai Ghatt Ghatt Sach Bharapoor ||	We shall merge into the One from whom we came. The True One is pervading each and every heart.	ਜਿਸ ਪਰਮਾਤਮਾ ਤੋਂ ਇਹ ਜਗਤ ਪੈਦਾ ਹੁੰਦਾ ਜਾਂਦਾ ਹੈ, ਉਸੇ (ਦੇ ਹੁਕਮ) ਅਨੁਸਾਰ ਨਾਸ ਭੀ ਹੁੰਦਾ ਰਹਿੰਦਾ ਹੈ ਤੇ ਉਹ ਸਦਾ-ਥਿਰ ਪ੍ਰਭੂ ਹਰੇਕ ਸਰੀਰ ਵਿਚ ਨਕਾ-ਨਕ ਮੌਜੂਦ ਹੈ।
833	20	ਆਪੇ ਮੇਲਿ ਮਿਲਾਵਹੀ ਸਾਚੈ ਮਹਲਿ ਹਦੂਰਿ॥੨॥	ਮਹਲਿ: ਪੋਲਾ ਬੋਲੋ	Aapae Mael Milaavehee Saachai Mehal Hadhoor ||2||	He Himself unites us in Union with Himself; the True Mansion of His Presence is close at hand. ||2||	ਹੇ ਪ੍ਰਭੂ! ਤੂੰ ਆਪ ਹੀ ਜੀਵਾਂ ਨੂੰ ਆਪਣੇ ਚਰਨਾਂ ਵਿਚ ਜੋੜਦਾ ਹੈਂ, ਤੂੰ ਆਪ ਹੀ ਆਪਣੇ ਸਦਾ-ਥਿਰ ਮਹਲ ਵਿਚ ਹਜ਼ੂਰੀ ਵਿਚ ਰੱਖਦਾ ਹੈਂ ॥੨॥
834	20	ਸਾਹਿ ਸਾਹਿ ਤੁਝੁ ਸੰਮਲਾ ਕਦੇ ਨ ਵਿਸਾਰੇਉ॥	(ਸੰਮਲਾ) ਯਾਦ ਕਰਾਂ	Saahi Saahi Thujh Sanmalaa Kadhae N Visaaraeo ||	With each and every breath, I dwell upon You; I shall never forget You.	(ਹੇ ਪ੍ਰਭੂ! ਮਿਹਰ ਕਰ) ਮੈਂ ਹਰੇਕ ਸਾਹ ਦੇ ਨਾਲ ਤੈਨੂੰ ਯਾਦ ਕਰਦਾ ਰਹਾਂ, ਤੈਨੂੰ ਕਦੇ ਵੀ ਨਾਹ ਭੁਲਾਵਾਂ।
835	20	ਜਿਉ ਜਿਉ ਸਾਹਬੁ ਮਨਿ ਵਸੈ ਗੁਰਮੁਖਿ ਅੰਮ੍ਰਿਤੁ ਪੇਉ॥		Jio Jio Saahab Man Vasai Guramukh Anmrith Paeo ||	The more the Lord and Master dwells within the mind, the more the Gurmukh drinks in the Ambrosial Nectar.	(ਹੇ ਭਾਈ! ਜੇ ਮਾਲਕ-ਪ੍ਰਭੂ ਦੀ ਮਿਹਰ ਹੋਵੇ ਤਾਂ) ਗੁਰੂ ਦੀ ਸਰਨ ਪੈ ਕੇ ਜਿਉਂ ਜਿਉਂ (ਉਹ) ਮਾਲਕ (ਮੇਰੇ) ਮਨ ਵਿਚ ਟਿਕਿਆ ਰਹੇ, ਮੈਂ ਆਤਮਕ ਜੀਵਨ ਦੇਣ ਵਾਲਾ (ਉਸ ਦਾ) ਨਾਮ-ਜਲ ਪੀਂਦਾ ਰਹਾਂ।

836	20	ਮਨੁ ਤਨੁ ਤੇਰਾ ਤੂ ਧਣੀ ਗਰਬੁ ਨਿਵਾਰਿ ਸਮੇਉ॥੩॥	(ਧਣੀ) ਮਾਲਕ ਵਾਹਿਗੁਰੂ। (ਨਿਵਾਰ) ਦੂਰ ਕਰਨਾ। (ਸਮੇਉ) ਸਮਾਉਣਾ	Man Than Thaeraa Thoo Dhhanee Garab Nivaar Samaeo ||3||	Mind and body are Yours; You are my Master. Please rid me of my pride, and let me merge with You. ||3||	(ਹੇ ਪ੍ਰਭੂ! ਮੇਰਾ) ਮਨ (ਮੇਰਾ) ਤਨ ਤੇਰਾ ਹੀ ਦਿਤਾ ਹੋਇਆ ਹੈ, ਤੂੰ ਹੀ (ਮੇਰਾ) ਮਾਲਕ ਹੈਂ। (ਮਿਹਰ ਕਰ, ਮੈਂ ਆਪਣੇ ਅੰਦਰੋਂ) ਅਹੰਕਾਰ ਦੂਰ ਕਰ ਕੇ (ਤੇਰੀ ਯਾਦ ਵਿਚ) ਲੀਨ ਰਹਾਂ ॥੩॥
837	20	ਜਿਨਿ ਏਹੁ ਜਗਤੁ ਉਪਾਇਆ ਤ੍ਰਿਭਵਣੁ ਕਰਿ ਆਕਾਰੁ॥	ਜੱਗ-ਤੁ	Jin Eaehu Jagath Oupaaeiaa Thribhavan Kar Aakaar ||	The One who formed this universe created the creation of the three worlds.	ਜਿਸ (ਜੋਤਿ-ਸਰੂਪ ਪ੍ਰਭੂ) ਨੇ ਇਹ ਜਗਤ ਪੈਦਾ ਕੀਤਾ ਹੈ, ਇਹ ਤ੍ਰਿਭਵਣੀ ਸਰੂਪ ਬਣਾਇਆ ਹੈ,
838	20	ਗੁਰਮੁਖਿ ਚਾਨਣੁ ਜਾਣੀਐ ਮਨਮੁਖਿ ਮੁਗਧੁ ਗੁਬਾਰੁ॥	ਅਗਿਆਨ ਰੂਪ (ਗੁਬਾਰੁ) ਸੰਘਣਾ ਹਨੇਰਾ	Guramukh Chaanan Jaaneeai Manamukh Mugadhh Gubaar ||	The Gurmukh knows the Divine Light, while the foolish self-willed manmukh gropes around in the darkness.	ਗੁਰੂ ਦੀ ਸਰਨ ਪਿਆਂ ਉਸ ਜੋਤਿ ਨਾਲ ਸਾਂਝ ਬਣਾਈ ਜਾ ਸਕਦੀ ਹੈ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੂੰ ਇਹ ਜੋਤਿ ਨਹੀਂ ਦਿੱਸਦੀ, ਉਸ ਨੂੰ) ਆਤਮਕ ਹਨੇਰਾ ਹੀ ਹਨੇਰਾ ਹੈ।
839	20	ਘਟਿ ਘਟਿ ਜੋਤਿ ਨਿਰੰਤਰੀ ਬੂਝੈ ਗੁਰਮਤਿ ਸਾਰੁ॥੪॥	(ਨਿਰੰਤਰੀ) ਇੱਕ ਰਸ। (ਸਾਰੁ) ਸ੍ਰੇਸ਼ਟ	Ghatt Ghatt Joth Nirantharee Boojhai Guramath Saar ||4||	One who sees that Light within each and every heart understands the Essence of the Guru's Teachings. ||4||	(ਭਾਵੇਂ) ਰੱਬੀ ਜੋਤਿ ਇਕ-ਰਸ ਹਰੇਕ ਸਰੀਰ ਵਿਚ ਵਿਆਪਕ ਹੈ, (ਪਰ) ਗੁਰੂ ਦੀ ਮਤ ਲਿਆਂ ਹੀ (ਇਹ) ਅਸਲੀਅਤ ਸਮਝੀ ਜਾ ਸਕਦੀ ਹੈ ॥੪॥

840	20	ਗੁਰਮੁਖਿ ਜਿਨੀ ਜਾਣਿਆ ਤਿਨ ਕੀਚੈ ਸਾਬਾਸਿ॥		Guramukh Jinee Jaaniaa Thin Keechai Saabaas ||	Those who understand are Gurmukh; recognize and applaud them.	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਸਰਬ-ਵਿਆਪੀ ਜੋਤਿ ਨਾਲ ਸਾਂਝ ਪਾ ਲਈ, ਉਹਨਾਂ ਨੂੰ ਸ਼ਾਬਾਸ਼ੇ ਮਿਲਦੀ ਹੈ।
841	20	ਸਚੇ ਸੇਤੀ ਰਲਿ ਮਿਲੇ ਸਚੇ ਗੁਣ ਪਰਗਾਸਿ॥		Sachae Saethee Ral Milae Sachae Gun Paragaas ||	They meet and merge with the True One. They become the Radiant Manifestation of the Excellence of the True One.	ਉਹ ਸਦਾ-ਥਿਰ ਪ੍ਰਭੂ ਨਾਲ ਇਕ-ਮਿਕ ਹੋ ਜਾਂਦੇ ਹਨ, ਸਦਾ-ਥਿਰ ਪ੍ਰਭੂ ਦੇ ਗੁਣ ਉਹਨਾਂ ਵਿਚ ਉੱਘੜ ਆਉਂਦੇ ਹਨ।
842	20	ਨਾਨਕ ਨਾਮਿ ਸੰਤੋਖੀਆ ਜੀਉ ਪਿੰਡੁ ਪ੍ਰਭ ਪਾਸਿ॥੫॥੧੬॥		Naanak Naam Santhokheeaa Jeeo Pindd Prabh Paas ||5||16||	O Nanak, they are contented with the Naam, the Name of the Lord. They offer their bodies and souls to God. ||5||16||	ਹੇ ਨਾਨਕ! ਨਾਮ ਵਿਚ ਜੁੜ ਕੇ ਉਹ ਮਨੁੱਖ ਆਤਮਕ ਸ਼ਾਂਤੀ ਮਾਣਦੇ ਹਨ, ਉਹ ਆਪਣੀ ਜਿੰਦ ਆਪਣਾ ਸਰੀਰ ਪ੍ਰਭੂ ਦੇ ਹਵਾਲੇ ਕਰੀ ਰੱਖਦੇ ਹਨ ॥੫॥੧੬॥
843	20	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
844	20	ਸੁਣਿ ਮਨ ਮਿਤ੍ਰ ਪਿਆਰਿਆ ਮਿਲੁ ਵੇਲਾ ਹੈ ਏਹ॥		Sun Man Mithr Piaariaa Mil Vaelaa Hai Eaeh ||	Listen, O my mind, my friend, my darling: now is the time to meet the Lord.	ਹੇ ਪਿਆਰੇ ਮਿਤ੍ਰ ਮਨ! (ਮੇਰੀ ਸਿੱਖਿਆ) ਸੁਣ। ਪਰਮਾਤਮਾ ਨੂੰ ਮਿਲ, (ਮਿਲਣ ਦਾ) ਇਹ (ਮਨੁੱਖਾ ਜਨਮ ਹੀ) ਵੇਲਾ ਹੈ।

845	20	ਜਬ ਲਗੁ ਜੋਬਨਿ ਸਾਸੁ ਹੈ ਤਬ ਲਗੁ ਇਹੁ ਤਨੁ ਦੇਹ॥		Jab Lag Joban Saas Hai Thab Lag Eihu Than Dhaeh ||	As long as there is youth and breath, give this body to Him.	ਜਦੋਂ ਤਕ ਜੁਆਨੀ ਵਿਚ (ਹਾਂ ਤੇ) ਸਾਹ ਆ ਰਿਹਾ ਹੈ, ਤਦੋਂ ਤਕ ਹੀ ਇਹ ਸਰੀਰ ਕੰਮ ਦੇ ਰਿਹਾ ਹੈ।
846	20	ਬਿਨੁ ਗੁਣ ਕਾਮਿ ਨ ਆਵਈ ਢਹਿ ਢੇਰੀ ਤਨੁ ਖੇਹ॥੧॥		Bin Gun Kaam N Aavee Dtehi Dtaeree Than Khaeh ||1||	Without virtue, it is useless; the body shall crumble into a pile of dust. ||1||	ਜੇ ਪ੍ਰਭੂ ਦੇ ਗੁਣ (ਆਪਣੇ ਅੰਦਰ) ਨਾਹ ਵਸਾਏ, ਤਾਂ ਇਹ ਸਰੀਰ ਕਿਸ ਕੰਮ? ਇਹ ਤਾਂ ਆਖ਼ਰ ਢਹਿ ਕੇ ਮਿੱਟੀ ਦੀ ਢੇਰੀ ਹੋ ਜਾਇਗਾ ॥੧॥
847	20	ਮੇਰੇ ਮਨ ਲੈ ਲਾਹਾ ਘਰਿ ਜਾਹਿ॥		Maerae Man Lai Laahaa Ghar Jaahi ||	O my mind, earn the profit, before you return home.	ਹੇ ਮੇਰੇ ਮਨ! (ਇਥੋਂ ਆਤਮਕ) ਲਾਭ ਖੱਟ ਕੇ (ਆਪਣੇ ਪਰਲੋਕ) ਘਰ ਵਿਚ ਜਾਹ।
848	20	ਗੁਰਮੁਖਿ ਨਾਮੁ ਸਲਾਹੀਐ ਹਉਮੈ ਨਿਵਰੀ ਭਾਹਿ॥੧॥ਰਹਾਉ॥	ਹਉਮੈ ਦੀ (ਭਾਹਿ) ਅੱਗ, (ਨਿਵਰੀ) ਦੂਰ ਹੋਈ	Guramukh Naam Salaaheeai Houmai Nivaree Bhaahi ||1|| Rehaao ||	The Gurmukh praises the Naam, and the fire of egotism is extinguished. ||1||Pause||	ਗੁਰੂ ਦੀ ਸਰਨ ਪੈ ਕੇ (ਇਥੇ) ਪ੍ਰਭੂ ਦਾ ਨਾਮ ਸਲਾਹੁਣਾ ਚਾਹੀਦਾ ਹੈ, ਨਾਮ ਦੀ ਬਰਕਤਿ ਨਾਲ ਹਉਮੈ ਦੀ ਅੱਗ (ਅੰਦਰੋਂ) ਮਿਟ ਜਾਂਦੀ ਹੈ (ਇਹ ਅੱਗ ਕਿ ਮੈਂ ਵੱਡਾ ਹਾਂ, ਮੈਂ ਵੱਡਾ ਬਣ ਜਾਵਾਂ-ਬੁੱਝ ਜਾਂਦੀ ਹੈ) ॥੧॥ ਰਹਾਉ ॥

849	20	ਸੁਣਿ ਸੁਣਿ ਗੰਢਣੁ ਗੰਢੀਐ ਲਿਖਿ ਪੜਿ ਬੁਝਹਿ ਭਾਰੁ॥	ਬੁੱਝਹਿ	Sun Sun Gandtan Gandteeai Likh Parr Bujhehi Bhaar ||	Again and again, we hear and tell stories; we read and write and understand loads of knowledge,	(ਪੜ੍ਹੇ ਹੋਏ ਲੋਕ) ਬੇਅੰਤ ਪੁਸਤਕਾਂ ਲਿਖ ਲਿਖ ਕੇ ਪੜ੍ਹ ਪੜ੍ਹ ਕੇ ਵਿਚਾਰਦੇ ਹਨ, (ਗਿਆਨ ਦੀਆਂ ਗੱਲਾਂ) ਸੁਣ ਸੁਣ ਕੇ (ਲੋਕਾਂ ਦੀਆਂ ਨਜ਼ਰਾਂ ਵਿਚ ਵਿਚਾਰਵਾਨ (ਦਿੱਸਣ ਦਾ) ਵਿਅਰਥ ਜਤਨ ਕਰਦੇ ਹਨ।
850	20	ਤ੍ਰਿਸਨਾ ਅਹਿ ਨਿਸਿ ਅਗਲੀ ਹਉਮੈ ਰੋਗੁ ਵਿਕਾਰੁ॥	(ਅਗਲੀ) ਬਹੁਤੀ	Thrisanaa Ahinis Agalee Houmai Rog Vikaar ||	But still, desires increase day and night, and the disease of egotism fills us with corruption.	ਪਰ ਅੰਤਰ ਆਤਮੇ ਦਿਨ-ਰਾਤ ਬਹੁਤ ਤ੍ਰਿਸ਼ਨਾ (ਵਿਆਪ ਰਹੀ) ਹੈ, ਅੰਦਰ ਹਉਮੈ ਦਾ ਰੋਗ, ਹਉਮੈ ਦਾ ਵਿਕਾਰ (ਕਾਇਮ) ਹੈ।
851	20	ਓਹੁ ਵੇਪਰਵਾਹੁ ਅਤੋਲਵਾ ਗੁਰਮਤਿ ਕੀਮਤਿ ਸਾਰੁ॥੨॥	(ਅਤੋਲਵਾ) ਤੋਲਣ ਰਹਿਤ। (ਸਾਰ) ਖਬਰ, ਸ੍ਰੇਸ਼ਟ, ਸ਼ੁੱਧ	Ouhu Vaeparavaahu Atholavaa Guramath Keemath Saar ||2||	That Carefree Lord cannot be appraised; His Real Value is known only through the Wisdom of the Guru's Teachings. ||2||	(ਦੂਜੇ ਪਾਸੇ) ਉਹ ਪਰਮਾਤਮਾ (ਇਸ ਚੁੰਚ-ਗਿਆਨਤਾ ਦੀ) ਪਰਵਾਹ ਨਹੀਂ ਕਰਦਾ, (ਸਾਡੇ ਗਿਆਨ) ਉਸ ਨੂੰ ਤੋਲ ਭੀ ਨਹੀਂ ਸਕਦੇ। ਗੁਰੂ ਦੀ ਮਤਿ ਲੈ ਕੇ ਉਸ ਦੀ ਕਦਰ ਸਮਝ ॥੨॥
852	20	ਲਖ ਸਿਆਣਪ ਜੇ ਕਰੀ ਲਖ ਸਿਉ ਪ੍ਰੀਤਿ ਮਿਲਾਪੁ॥	ਲੱਖ	Lakh Siaanap Jae Karee Lakh Sio Preeth Milaap ||	Even if someone has hundreds of thousands of clever mental tricks, and the love and company of hundreds of thousands of people	ਜੇ ਮੈਂ ਲੱਖਾਂ ਚਤੁਰਾਈਆਂ ਕਰਾਂ, ਜੇ ਮੈਂ ਲੱਖਾਂ ਬੰਦਿਆਂ ਨਾਲ ਪ੍ਰੀਤ ਕਰਾਂ, ਮਿਲਾਪ ਪੈਦਾ ਕਰਾਂ,

853	20	ਬਿਨੁ ਸੰਗਤਿ ਸਾਧ ਨ ਧ੍ਰਾਪੀਆ ਬਿਨੁ ਨਾਵੈ ਦੂਖ ਸੰਤਾਪੁ॥	(ਧ੍ਰਾਪੀਆ) ਰੱਜਦਾ। (ਸੰਤਾਪੁ) ਪਛਤਾਵਾ	Bin Sangath Saadhh N Dhhraapeeaa Bin Naavai Dhookh Santhaap ||	Still, without the Saadh Sangat, the Company of the Holy, he will not feel satisfied. Without the Name, all suffer in sorrow.	ਗੁਰੂ ਦੀ ਸੰਗਤਿ ਕਰਨ ਤੋਂ ਬਿਨਾ ਅੰਦਰਲੀ ਤ੍ਰਿਸ਼ਨਾ ਮੁੱਕਦੀ ਨਹੀਂ। ਪ੍ਰਭੂ ਦਾ ਨਾਮ ਜਪਣ ਤੋਂ ਬਿਨਾ ਮਾਨਸਕ ਦੁੱਖ ਕਲੇਸ਼ ਬਣਿਆ ਹੀ ਰਹਿੰਦਾ ਹੈ।
854	20	ਹਰਿ ਜਪਿ ਜੀਅਰੇ ਛੁਟੀਐ ਗੁਰਮੁਖਿ ਚੀਨੈ ਆਪੁ॥੩॥	(ਚੀਨੈ) ਜਾਣੇ। ਛੁੱਟੀਐ	Har Jap Jeearae Shhutteeai Guramukh Cheenai Aap ||3||	Chanting the Name of the Lord, O my soul, you shall be emancipated; as Gurmukh, you shall come to understand your own self. ||3||	ਹੇ ਮੇਰੀ ਜਿੰਦੇ! ਪਰਮਾਤਮਾ ਦਾ ਨਾਮ ਜਪ ਕੇ ਹੀ (ਇਸ ਤ੍ਰਿਸ਼ਨਾ ਤੋਂ) ਖ਼ਲਾਸੀ ਹੋ ਸਕਦੀ ਹੈ (ਕਿਉਂਕਿ) ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਨਾਮ ਜਪਦਾ ਹੈ, ਉਹ ਆਪਣੇ ਅਸਲੇ ਨੂੰ ਪਛਾਣ ਲੈਂਦਾ ਹੈ ॥੩॥
855	20	ਤਨੁ ਮਨੁ ਗੁਰ ਪਹਿ ਵੇਚਿਆ ਮਨੁ ਦੀਆ ਸਿਰੁ ਨਾਲਿ॥		Than Man Gur Pehi Vaechiaa Man Dheeaa Sir Naal ||	I have sold my body and mind to the Guru, and I have given my mind and head as well.	ਜਿਸ ਮਨੁੱਖ ਨੇ (ਨਾਮ ਦੇ ਵੱਟੇ) ਆਪਣਾ ਤਨ ਤੇ ਆਪਣਾ ਮਨ ਗੁਰੂ ਦੇ ਹਵਾਲੇ ਕਰ ਦਿੱਤਾ, ਜਿਸ ਨੇ ਮਨ ਹਵਾਲੇ ਕੀਤਾ ਤੇ ਸਿਰ ਵੀ ਹਵਾਲੇ ਕਰ ਦਿੱਤਾ,
856	20	ਤ੍ਰਿਭਵਣੁ ਖੋਜਿ ਢੰਢੋਲਿਆ ਗੁਰਮੁਖਿ ਖੋਜਿ ਨਿਹਾਲਿ॥		Thribhavan Khoj Dtandtoliaa Guramukh Khoj Nihaal ||	I was seeking and searching for Him throughout the three worlds; then, as Gurmukh, I sought and found Him.	ਉਸ ਨੇ ਗੁਰੂ ਦੀ ਰਾਹੀਂ ਖੋਜ ਕਰ ਕੇ ਉਸ ਪ੍ਰਭੂ ਨੂੰ (ਆਪਣੇ ਅੰਦਰ ਹੀ) ਵੇਖ ਲਿਆ, ਜਿਸ ਨੂੰ ਲੱਭਣ ਵਾਸਤੇ ਸਾਰਾ ਜਗਤ ਖੋਜ ਭਾਲਿਆ ਸੀ।

857	20	ਸਤਗੁਰਿ ਮੇਲਿ ਮਿਲਾਇਆ ਨਾਨਕ ਸੋ ਪ੍ਰਭੁ ਨਾਲਿ॥੪॥੧੭॥		Sathagur Mael Milaaeiaa Naanak So Prabh Naal ||4||17||	The True Guru has united me in Union, O Nanak, with that God. ||4||17||	ਹੇ ਨਾਨਕ! ਸਰਨ ਪਏ ਨੂੰ ਗੁਰੂ ਨੇ ਆਪਣੇ ਚਰਨਾਂ ਵਿਚ ਜੋੜ ਕੇ ਪ੍ਰਭੂ ਨਾਲ ਮਿਲਾ ਦਿੱਤਾ, ਅਤੇ ਉਹ ਪ੍ਰਭੂ (ਆਪਣੇ ਅੰਦਰ) ਅੰਗ-ਸੰਗ ਹੀ ਵਿਖਾ ਦਿੱਤਾ ॥੪॥੧੭॥
858	20	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
859	20	ਮਰਣੈ ਕੀ ਚਿੰਤਾ ਨਹੀ ਜੀਵਣ ਕੀ ਨਹੀ ਆਸ॥		Maranai Kee Chinthaa Nehee Jeevan Kee Nehee Aas ||	I have no anxiety about dying, and no hope of living.	(ਜੋ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਸਿਮਰਨ ਦੀ ਬਰਕਤਿ ਨਾਲ ਉਸ ਨੂੰ) ਮੌਤ ਦਾ ਡਰ ਨਹੀਂ ਰਹਿੰਦਾ, ਹੋਰ ਹੋਰ ਲੰਮੀ ਉਮਰ ਦੀਆਂ ਉਹ ਆਸਾਂ ਨਹੀਂ ਬਣਾਂਦਾ।
860	20	ਤੂ ਸਰਬ ਜੀਆ ਪ੍ਰਤਿਪਾਲਹੀ ਲੇਖੈ ਸਾਸ ਗਿਰਾਸ॥	(ਸਾਸ ਗਿਰਾਸ) ਸਾਸ ਦਾ ਅੰਦਰ ਬਾਹਰ ਆਉਣਾ ਜਾਣਾ	Thoo Sarab Jeeaa Prathipaalehee Laekhai Saas Giraas ||	You are the Cherisher of all beings; You keep the account of our breaths and morsels of food.	(ਉਸ ਨੂੰ ਇਹ ਯਕੀਨ ਹੁੰਦਾ ਹੈ ਕਿ ਹੇ ਪ੍ਰਭੂ!) ਤੂੰ ਸਾਰੇ ਜੀਵਾਂ ਦੀ ਪਾਲਨਾ ਕਰਦਾ ਹੈਂ, ਜੀਵਾਂ ਦਾ ਹਰੇਕ ਸਾਹ ਹਰੇਕ ਗਿਰਾਹੀ ਤੇਰੇ ਹਿਸਾਬ ਵਿਚ (ਤੇਰੀ ਨਜ਼ਰ ਵਿਚ) ਹੈ।
861	20	ਅੰਤਰਿ ਗੁਰਮੁਖਿ ਤੂ ਵਸਹਿ ਜਿਉ ਭਾਵੈ ਤਿਉ ਨਿਰਜਾਸਿ॥੧॥	(ਨਿਰਜਾਸਿ) ਨਿਰਨਾ	Anthar Guramukh Thoo Vasehi Jio Bhaavai Thio Nirajaas ||1||	You abide within the Gurmukh. As it pleases You, You decide our allotment. ||1||	(ਹੇ ਪ੍ਰਭੂ!) ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦੇ ਅੰਦਰ ਤੂੰ ਪ੍ਰਗਟ ਹੋ ਜਾਂਦਾ ਹੈਂ, (ਉਸ ਨੂੰ ਇਹ ਯਕੀਨ ਰਹਿੰਦਾ ਹੈ ਕਿ) ਜਿਵੇਂ ਤੇਰੀ ਰਜ਼ਾ ਹੈ ਤਿਵੇਂ ਤੂੰ (ਸਭ ਦੀ) ਸੰਭਾਲ ਕਰਦਾ ਹੈਂ ॥੧॥

862	20	ਜੀਅਰੇ ਰਾਮ ਜਪਤ ਮਨੁ ਮਾਨੁ॥		Jeearae Raam Japath Man Maan ||	O my soul, chant the Name of the Lord; the mind will be pleased and appeased.	ਹੇ (ਮੇਰੀ) ਜਿੰਦੇ! (ਐਸਾ ਉੱਦਮ ਕਰ ਕਿ) ਪਰਮਾਤਮਾ ਦਾ ਨਾਮ ਸਿਮਰਦਿਆਂ ਸਿਮਰਦਿਆਂ ਮਨ (ਸਿਮਰਨ ਵਿਚ) ਗਿੱਝ ਜਾਏ।
863	20	ਅੰਤਰਿ ਲਾਗੀ ਜਲਿ ਬੁਝੀ ਪਾਇਆ ਗੁਰਮੁਖਿ ਗਿਆਨੁ॥੧॥ਰਹਾਉ ॥	ਬੁਝੀ: ਪੋਲਾ ਬੋਲੋ	Anthar Laagee Jal Bujhee Paaeiaa Guramukh Giaan ||1|| Rehaao ||	The raging fire within is extinguished; the Gurmukh obtains spiritual wisdom. ||1||Pause||	ਗੁਰੂ ਦੀ ਸਰਨ ਪੈ ਕੇ (ਸਿਮਰਨ ਦੀ ਰਾਹੀਂ) ਜਿਸ ਮਨੁੱਖ ਨੇ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ, ਉਸ ਦੀ ਅੰਦਰਲੀ ਤ੍ਰਿਸ਼ਨਾ ਦੀ ਸੜਨ ਬੁੱਝ ਜਾਂਦੀ ਹੈ ॥੧॥ ਰਹਾਉ ॥
864	21	ਅੰਤਰ ਕੀ ਗਤਿ ਜਾਣੀਐ ਗੁਰ ਮਿਲੀਐ ਸੰਕ ਉਤਾਰਿ॥	(ਗਤਿ) ਪ੍ਰਾਪਤੀ। (ਸੰਕ) ਸ਼ੰਕੇ	Anthar Kee Gath Jaaneeai Gur Mileeai Sank Outhaar ||	Know the state of your inner being; meet with the Guru and get rid of your skepticism.	ਪੂਰੀ ਸਰਧਾ ਨਾਲ ਮਨ ਦੀ ਸ਼ੰਕਾ ਉਤਾਰ ਕੇ ਗੁਰੂ ਦੀ ਸਰਨ ਪੈ ਜਾਣਾ ਚਾਹੀਦਾ ਹੈ, (ਇਸ ਤਰ੍ਹਾਂ) ਅੰਦਰ-ਵੱਸਦੇ ਪਰਮਾਤਮਾ ਦੀ ਸਮਝ ਪੈ ਜਾਂਦੀ ਹੈ।
865	21	ਮੁਇਆ ਜਿਤੁ ਘਰਿ ਜਾਈਐ ਤਿਤੁ ਜੀਵਦਿਆ ਮਰੁ ਮਾਰਿ॥		Mueiaa Jith Ghar Jaaeeai Thith Jeevadhiaa Mar Maar ||	To reach your True Home after you die, you must conquer death while you are still alive.	ਮਰਨ ਤੋਂ ਪਹਿਲਾਂ ਹੀ ਉਸ ਮੌਤ ਦਾ ਡਰ ਮਾਰ ਲਈਦਾ ਹੈ ਜਿਸ ਮੌਤ ਦੇ ਵੱਸ ਆਖ਼ਰ ਪੈਣਾ ਹੁੰਦਾ ਹੈ।

866	21	ਅਨਹਦ ਸਬਦਿ ਸੁਹਾਵਣੇ ਪਾਈਐ ਗੁਰ ਵੀਚਾਰਿ॥੨॥		Anehadh Sabadh Suhaavanae Paaeeai Gur Veechaar ||2||	The beautiful, Unstruck Sound of the Shabad is obtained, contemplating the Guru. ||2||	(ਪਰ ਇਹ ਅਵਸਥਾ ਤਦੋਂ) ਪ੍ਰਾਪਤ ਹੁੰਦੀ ਹੈ ਜਦੋਂ ਗੁਰੂ ਦੀ ਦੱਸੀ ਸਿੱਖਿਆ ਉਤੇ ਤੁਰੀਏ, ਤੇ (ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੇ) ਸੋਹਣੇ ਸ਼ਬਦ ਵਿਚ ਇਕ-ਰਸ (ਜੁੜੇ ਰਹੀਏ) ॥੨॥
867	21	ਅਨਹਦ ਬਾਣੀ ਪਾਈਐ ਤਹ ਹਉਮੈ ਹੋਇ ਬਿਨਾਸੁ॥	(ਬਿਨਾਸੁ) ਨਾਸ। ਅਨ-ਹਦ: ਪੋਲਾ ਬੋਲੋ	Anehadh Baanee Paaeeai Theh Houmai Hoe Binaas ||	The Unstruck Melody of Gurbani is obtained, and egotism is eliminated.	ਜਦੋਂ ਇਕ-ਰਸ ਸਿਫ਼ਤ-ਸਾਲਾਹ ਕਰ ਸਕਣ ਵਾਲੀ ਅਵਸਥਾ ਪ੍ਰਾਪਤ ਹੋ ਜਾਏ, ਤਾਂ ਉਸ ਅਵਸਥਾ ਵਿਚ (ਮਨੁੱਖ ਦੇ ਅੰਦਰੋਂ) ਹਉਮੈ ਦਾ ਨਾਸ ਹੋ ਜਾਂਦਾ ਹੈ (ਮੈਂ ਵੱਡਾ ਹੋ ਜਾਵਾਂ, ਮੈਂ ਵੱਡਾ ਹਾਂ-ਇਹ ਹਾਲਤ ਮੁੱਕ ਜਾਂਦੀ ਹੈ)।
868	21	ਸਤਗੁਰੁ ਸੇਵੇ ਆਪਣਾ ਹਉ ਸਦ ਕੁਰਬਾਣੈ ਤਾਸੁ॥	(ਤਾਸੁ) ਤਿਨ੍ਹਾਂ ਦੇ	Sathagur Saevae Aapanaa Ho Sadh Kurabaanai Thaas ||	I am forever a sacrifice to those who serve their True Guru.	ਮੈਂ ਸਦਾ ਸਦਕੇ ਹਾਂ ਉਸ ਮਨੁੱਖ ਤੋਂ ਜੋ ਆਪਣੇ ਗੁਰੂ ਨੂੰ ਸੇਂਵਦਾ ਹੈ (ਗੁਰੂ ਦੇ ਦੱਸੇ ਰਾਹ ਤੇ ਤੁਰਦਾ ਹੈ)।
869	21	ਖੜਿ ਦਰਗਹ ਪੈਨਾਈਐ ਮੁਖਿ ਹਰਿ ਨਾਮ ਨਿਵਾਸੁ॥੩॥	(ਖੜਿ) ਲਿਜਾਕੇ। ਖੜਿ: ੜ ਪੈਰ ਹਲੰਤ ਨਹੀਂ ਬੋਲਣਾ। ਪੈਨ੍ਹਾਈਐ	Kharr Dharageh Painaaeeai Mukh Har Naam Nivaas ||3||	They are dressed in robes of honor in the Court of the Lord; the Name of the Lord is on their lips. ||3||	ਉਸ ਦੇ ਮੂੰਹ ਵਿਚ ਸਦਾ ਪ੍ਰਭੂ ਦਾ ਨਾਮ ਵੱਸਦਾ ਹੈ, ਉਸ ਨੂੰ ਪ੍ਰਭੂ ਦੀ ਹਜ਼ੂਰੀ ਵਿਚ ਲੈ ਜਾ ਕੇ ਆਦਰ ਮਿਲਦਾ ਹੈ ॥੩॥

870	21	ਜਹ ਦੇਖਾ ਤਹ ਰਵਿ ਰਹੇ ਸਿਵ ਸਕਤੀ ਕਾ ਮੇਲੁ॥	(ਸਿਵ) ਪ੍ਰਮਾਤਮਾ, (ਸਕਤੀ) ਪ੍ਰਕ੍ਰਿਤੀ	Jeh Dhaekhaa Theh Rav Rehae Siv Sakathee Kaa Mael ||	Wherever I look, I see the Lord pervading there, in the union of Shiva and Shakti, of consciousness and matter.	(ਪਰ ਸੰਸਾਰ ਦੀ ਹਾਲਤ ਹੋਰ ਤਰ੍ਹਾਂ ਦੀ ਬਣ ਰਹੀ ਹੈ) ਮੈਂ ਜਿਧਰ ਵੇਖਦਾ ਹਾਂ ਉਧਰ ਹੀ (ਮਨਮੁਖ) ਜੀਵ ਮਾਇਆ ਵਿਚ ਮਸਤ ਹੋ ਰਹੇ ਹਨ, (ਹਰ ਪਾਸੇ) ਮਾਇਆ ਤੇ ਜੀਵਾਂ ਦਾ ਗਠ-ਜੋੜ ਬਣਿਆ ਪਿਆ ਹੈ।
871	21	ਤ੍ਰਿਹੁ ਗੁਣ ਬੰਧੀ ਦੇਹੁਰੀ ਜੋ ਆਇਆ ਜਗਿ ਸੋ ਖੇਲੁ॥		Thrihu Gun Bandhhee Dhaehuree Jo Aaeiaa Jag So Khael ||	The three qualities hold the body in bondage; whoever comes into the world is subject to their play.	ਮਨਮੁਖਾਂ ਦਾ ਸਰੀਰ ਮਾਇਆ ਦੇ ਤਿੰਨ ਗੁਣਾਂ ਵਿਚ ਹੀ ਬੱਝਾ ਹੋਇਆ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਜੇਹੜਾ ਭੀ ਜੀਵ ਜਗਤ ਵਿਚ ਆਇਆ ਉਹ ਇਹੀ ਖੇਡ ਖੇਡਦਾ ਰਿਹਾ।
872	21	ਵਿਜੋਗੀ ਦੁਖਿ ਵਿਛੁੜੇ ਮਨਮੁਖਿ ਲਹਹਿ ਨ ਮੇਲੁ॥੪॥	(ਵਿਜੋਗੀ) ਵਿੱਛੁੜੇ ਹੋਏ	Vijogee Dhukh Vishhurrae Manamukh Lehehi N Mael ||4||	Those who separate themselves from the Lord wander lost in misery. The self-willed manmukhs do not attain union with Him. ||4||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਪਰਮਾਤਮਾ ਨਾਲ ਮਿਲਾਪ ਹਾਸਲ ਹੀ ਨਹੀਂ ਕਰ ਸਕਦੇ, ਕਿਉਂਕਿ ਉਹ ਵਿੱਛੁੜੇ ਹੋਏ (ਸਦਾ) ਵਿੱਛੁੜੇ ਹੀ ਰਹਿੰਦੇ ਹਨ ਤੇ ਦੁੱਖ ਵਿਚ ਰਹਿੰਦੇ ਹਨ ॥੪॥
873	21	ਮਨੁ ਬੈਰਾਗੀ ਘਰਿ ਵਸੈ ਸਚ ਭੈ ਰਾਤਾ ਹੋਇ॥	(ਰੱਾਤਾ) ਰੰਗਿਆ	Man Bairaagee Ghar Vasai Sach Bhai Raathaa Hoe ||	If the mind becomes balanced and detached, and comes to dwell in its own true home, imbued with the Fear of God,	(ਮਾਇਆ ਵਲੋਂ) ਵੈਰਾਗਵਾਨ ਮਨ (ਭਟਕਣਾ ਤੋਂ ਬਚਿਆ ਰਹਿ ਕੇ) ਆਪਣੇ ਸਰੂਪ ਵਿਚ ਹੀ ਟਿਕਿਆ ਰਹਿੰਦਾ ਹੈ, (ਕਿਉਂਕਿ) ਉਹ ਪਰਮਾਤਮਾ ਦੇ ਅਦਬ ਵਿਚ ਰੰਗਿਆ ਰਹਿੰਦਾ ਹੈ।

874	21	ਗਿਆਨ ਮਹਾ ਰਸੁ ਭੋਗਵੈ ਬਾਹੁੜਿ ਭੂਖ ਨ ਹੋਇ॥	(ਬਾਹੁੜਿ) ਦੁਆਰਾ	Giaan Mehaaras Bhogavai Baahurr Bhookh N Hoe ||	Then it enjoys the essence of supreme spiritual wisdom; it shall never feel hunger again.	ਉਹ ਮਨ ਪਰਮਾਤਮਾ ਨਾਲ ਡੂੰਘੀ ਸਾਂਝ ਦਾ ਮਹਾ ਆਨੰਦ ਮਾਣਦਾ ਹੈ, ਉਸ ਨੂੰ ਮੁੜ ਮਾਇਆ ਦੀ ਤ੍ਰਿਸ਼ਨਾ ਨਹੀਂ ਵਿਆਪਦੀ।
875	21	ਨਾਨਕ ਇਹੁ ਮਨੁ ਮਾਰਿ ਮਿਲੁ ਭੀ ਫਿਰਿ ਦੁਖੁ ਨ ਹੋਇ॥੫॥੧੮॥		Naanak Eihu Man Maar Mil Bhee Fir Dhukh N Hoe ||5||18||	O Nanak, conquer and subdue this mind; meet with the Lord, and you shall never again suffer in pain. ||5||18||	ਹੇ ਨਾਨਕ! ਤੂੰ ਭੀ ਇਸ ਮਨ ਨੂੰ (ਮਾਇਆ ਦੇ ਮੋਹ ਵਲੋਂ) ਮਾਰ ਕੇ (ਪ੍ਰਭੂ-ਚਰਨਾਂ ਵਿਚ) ਜੁੜਿਆ ਰਹੁ, ਫਿਰ ਕਦੇ (ਪ੍ਰਭੂ ਤੋਂ ਵਿਛੋੜੇ ਦਾ) ਦੁੱਖ ਨਹੀਂ ਵਿਆਪੇਗਾ ॥੫॥੧੮॥
876	21	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
877	21	ਏਹੁ ਮਨੋ ਮੂਰਖੁ ਲੋਭੀਆ ਲੋਭੇ ਲਗਾ ਲੁਭਾਨੁ॥	ਲੱਗਾ	Eaehu Mano Moorakh Lobheeaa Lobhae Lagaa Luobhaan ||	This foolish mind is greedy; through greed, it becomes even more attached to greed.	ਪਰ ਮਾਇਆ-ਵੇੜ੍ਹੇ ਮਨੁੱਖ ਦਾ ਇਹ ਮਨ ਮੂਰਖ ਹੈ ਲਾਲਚੀ ਹੈ, ਹਰ ਵੇਲੇ ਲੋਭ ਵਿਚ ਫਸਿਆ ਰਹਿੰਦਾ ਹੈ।
878	21	ਸਬਦਿ ਨ ਭੀਜੈ ਸਾਕਤਾ ਦੁਰਮਤਿ ਆਵਨੁ ਜਾਨੁ॥	(ਸਾਕਤਾ) ਮਨਮੁੱਖ। (ਦੁਰ-ਮੱਤਿ) ਖੋਟੀ ਮੱਤ	Sabadh N Bheejai Saakathaa Dhuramath Aavan Jaan ||	The evil-minded shaaktas, the faithless cynics, are not attuned to the Shabad; they come and go in reincarnation.	ਗੁਰੂ ਦੇ ਸ਼ਬਦ ਵਿਚ ਇਸ ਦੀ ਰੁਚੀ ਹੀ ਨਹੀਂ ਬਣਦੀ, ਇਸ ਭੈੜੀ ਮਤਿ ਦੇ ਕਾਰਨ ਜਨਮ ਮਰਨ ਦਾ ਗੇੜ ਬਣਿਆ ਰਹਿੰਦਾ ਹੈ।

879	21	ਸਾਧੂ ਸਤਗੁਰੁ ਜੇ ਮਿਲੈ ਤਾ ਪਾਈਐ ਗੁਣੀ ਨਿਧਾਨੁ॥੧॥		Saadhhoo Sathagur Jae Milai Thaa Paaeeai Gunee Nidhhaan ||1||	One who meets with the Holy True Guru finds the Treasure of Excellence. ||1||	ਜੇ ਇਸ ਨੂੰ ਗੁਰੂ ਸਤਿਗੁਰੂ ਮਿਲ ਪਏ, ਤਾਂ ਗੁਣਾਂ ਦਾ ਖ਼ਜ਼ਾਨਾ ਪ੍ਰਭੂ ਇਸ ਨੂੰ ਮਿਲ ਪੈਂਦਾ ਹੈ ॥੧॥
880	21	ਮਨ ਰੇ ਹਉਮੈ ਛੋਡਿ ਗੁਮਾਨੁ॥		Man Rae Houmai Shhodd Gumaan ||	O mind, renounce your egotistical pride.	ਹੇ (ਮੇਰੇ) ਮਨ! ਮੈਂ (ਸਿਆਣਾ) ਹਾਂ, ਮੈਂ (ਸਿਆਣਾ) ਹਾਂ-ਇਹ ਅਹੰਕਾਰ ਛੱਡ,
881	21	ਹਰਿ ਗੁਰੁ ਸਰਵਰੁ ਸੇਵਿ ਤੂ ਪਾਵਹਿ ਦਰਗਹ ਮਾਨੁ॥੧॥ਰਹਾਉ॥	(ਸਰਵਰੁ) ਸਮੁੰਦ੍ਰ	Har Gur Saravar Saev Thoo Paavehi Dharageh Maan ||1|| Rehaao ||	Serve the Lord, the Guru, the Sacred Pool, and you shall be honored in the Court of the Lord. ||1||Pause||	ਤੇ ਪਰਮਾਤਮਾ ਦੇ ਰੂਪ ਗੁਰੂ ਦੀ ਸਰਨ ਪਉ ਜੋ (ਆਤਮਾ ਨੂੰ ਪਵਿਤ੍ਰ ਕਰਨ ਵਾਲਾ) ਸਰੋਵਰ ਹੈ। (ਇਸ ਤਰ੍ਹਾਂ) ਪ੍ਰਭੂ ਦੀ ਹਜ਼ੂਰੀ ਵਿਚ ਆਦਰ ਹਾਸਲ ਕਰੇਂਗਾ ॥੧॥ ਰਹਾਉ ॥
882	21	ਰਾਮ ਨਾਮੁ ਜਪਿ ਦਿਨਸੁ ਰਾਤਿ ਗੁਰਮੁਖਿ ਹਰਿ ਧਨੁ ਜਾਨੁ॥		Raam Naam Jap Dhinas Raath Guramukh Har Dhhan Jaan ||	Chant the Name of the Lord day and night; become Gurmukh, and know the Wealth of the Lord.	ਹੇ ਮਨ! ਪਰਮਾਤਮਾ ਦਾ ਨਾਮ ਦਿਨ ਰਾਤ ਜਪਿਆ ਕਰ। ਗੁਰੂ ਦੀ ਸਰਨ ਪੈ ਕੇ ਹਰੀ-ਨਾਮ ਧਨ ਦੀ ਕਦਰ ਸਮਝ।
883	21	ਸਭਿ ਸੁਖ ਹਰਿ ਰਸ ਭੋਗਣੇ ਸੰਤ ਸਭਾ ਮਿਲਿ ਗਿਆਨੁ॥	ਭੋੱਗਣੇ। ਸਭਾ: ਪੋਲਾ ਬੋਲੋ, ਜੇ ਸੱਭਾ ਬੋਲਦੇ ਹਾਂ ਤਾਂ ਅਰਥ ਬਣਦਾ ਹੈ ਸਾਰੇ	Sabh Sukh Har Ras Bhoganae Santh Sabhaa Mil Giaan ||	All comforts and peace, and the Essence of the Lord, are enjoyed by acquiring spiritual wisdom in the Society of the Saints.	ਸਾਧ ਸੰਗਤਿ ਵਿਚ ਮਿਲ ਕੇ ਹਰੀ ਨਾਮ ਨਾਲ ਸਾਂਝ ਪਾ, ਸਾਰੇ ਆਤਮਕ ਆਨੰਦ ਪ੍ਰਾਪਤ ਹੋ ਜਾਣਗੇ।

884	21	ਨਿਤਿ ਅਹਿ ਨਿਸਿ ਹਰਿ ਪ੍ਰਭੁ ਸੇਵਿਆ ਸਤਗੁਰਿ ਦੀਆ ਨਾਮੁ॥੨॥	(ਅਹਿ) ਦਿਨ, (ਨਿਸਿ) ਰਾਤ	Nith Ahinis Har Prabh Saeviaa Sathagur Dheeaa Naam ||2||	Day and night, continually serve the Lord God; the True Guru has given the Naam. ||2||	(ਪਰ ਜਿਸ ਨੂੰ) ਸਤਿਗੁਰੂ ਨੇ ਨਾਮ ਦੀ ਦਾਤ ਬਖ਼ਸ਼ੀ, ਉਸ ਨੇ ਸਦਾ ਦਿਨ ਰਾਤ ਹਰੀ ਪ੍ਰਭੂ ਦਾ ਸਿਮਰਨ ਕੀਤਾ ਹੈ ॥੨॥
885	21	ਕੂਕਰ ਕੂੜੁ ਕਮਾਈਐ ਗੁਰ ਨਿੰਦਾ ਪਚੈ ਪਚਾਨੁ॥	ਪਚੈ: ਪੋਲਾ ਬੋਲੋ	Kookar Koorr Kamaaeeai Gur Nindhaa Pachai Pachaan ||	Those who practice falsehood are dogs; those who slander the Guru shall burn in their own fire.	ਜੇਹੜਾ ਮਨੁੱਖ ਆਪਣੇ (ਲੋਭੀ) ਮਨ ਦੇ ਪਿੱਛੇ ਤੁਰਦਾ ਹੈ, ਉਹ ਕੁੱਤਿਆਂ ਵਾਂਗ (ਬੁਰਕੀ ਬੁਰਕੀ ਵਾਸਤੇ ਦਰ ਦਰ ਤੇ ਖ਼ੁਆਰ ਹੁੰਦਾ) ਹੈ, ਉਹ ਸਦਾ ਮਾਇਆ ਵਾਲੀ ਦੌੜ-ਭੱਜ ਹੀ ਕਰਦਾ ਹੈ (ਇਥੋਂ ਤਕ ਨਿਘਰਦਾ ਹੈ ਕਿ) ਗੁਰੂ ਦੀ ਨਿੰਦਿਆ ਵਿਚ ਹਰ ਵੇਲੇ ਖ਼ੁਆਰ ਹੁੰਦਾ ਹੈ।
886	21	ਭਰਮੇ ਭੂਲਾ ਦੁਖੁ ਘਣੋ ਜਮੁ ਮਾਰਿ ਕਰੈ ਖੁਲ ਹਾਨੁ॥	ਖੁੱਲ ਕੇ (ਹਾਨੁ) ਹਾਨੀ	Bharamae Bhoolaa Dhukh Ghano Jam Maar Karai Khulehaan ||	They wander lost and confused, deceived by doubt, suffering in terrible pain. The Messenger of Death shall beat them to a pulp.	ਮਾਇਆ ਵਾਲੀ ਭਟਕਣਾ ਵਿਚ ਕੁਰਾਹੇ ਪੈਂਦਾ ਹੈ, ਬਹੁਤ ਦੁੱਖ ਪਾਂਦਾ ਹੈ, (ਆਖ਼ਰ) ਜਮਰਾਜ ਉਸ ਨੂੰ ਗੁੱਝੀ ਮਾਰ ਮਾਰ ਕੇ ਭੋਹ ਕਰ ਦੇਂਦਾ ਹੈ।
887	21	ਮਨਮੁਖਿ ਸੁਖੁ ਨ ਪਾਈਐ ਗੁਰਮੁਖਿ ਸੁਖੁ ਸੁਭਾਨੁ॥੩॥	(ਸੁਭਾਨੁ) ਅਸਚਰਜ	Manamukh Sukh N Paaeeai Guramukh Sukh Subhaan ||3||	The self-willed manmukhs find no peace, while the Gurmukhs are wondrously joyful. ||3||	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਕਦੇ ਸੁਖ ਨਹੀਂ ਪਾਂਦਾ, ਪਰ ਗੁਰੂ ਦੀ ਸਰਨ ਪਿਆਂ ਅਸਚਰਜ ਆਤਮਕ ਆਨੰਦ ਮਿਲਦਾ ਹੈ ॥੩॥

888	21	ਐਥੈ ਧੰਧੁ ਪਿਟਾਈਐ ਸਚੁ ਲਿਖਤੁ ਪਰਵਾਨੁ॥		Aithhai Dhhandhh Pittaaeeai Sach Likhath Paravaan ||	In this world, people are engrossed in false pursuits, but in the world hereafter, only the account of your true actions is accepted.	(ਲੋਭੀ ਮਨੁੱਖ) ਇਸ ਲੋਕ ਵਿਚ ਦੁਨੀਆ ਦੇ ਜੰਜਾਲਾਂ ਵਿਚ ਖਚਿਤ ਰਹਿੰਦਾ ਹੈ, (ਪਰ ਪ੍ਰਭੂ ਦੀ ਹਜ਼ੂਰੀ ਵਿਚ) ਸਿਮਰਨ ਦਾ ਲੇਖਾ ਕਬੂਲ ਹੁੰਦਾ ਹੈ।
889	21	ਹਰਿ ਸਜਣੁ ਗੁਰੁ ਸੇਵਦਾ ਗੁਰ ਕਰਣੀ ਪਰਧਾਨੁ॥		Har Sajan Gur Saevadhaa Gur Karanee Paradhhaan ||	The Guru serves the Lord, His Intimate Friend. The Guru's actions are supremely exalted.	ਗੁਰੂ ਅਸਲ ਮਿਤ੍ਰ ਪਰਮਾਤਮਾ ਦਾ ਸਿਮਰਨ ਕਰਦਾ ਹੈ (ਤੇ ਹੋਰਨਾਂ ਨੂੰ ਭੀ ਇਹੀ ਪ੍ਰੇਰਨਾ ਕਰਦਾ ਹੈ), ਗੁਰੂ ਵਾਲੀ ਇਹ ਕਾਰ (ਦਰਗਾਹ ਵਿਚ) ਮੰਨੀ ਜਾਂਦੀ ਹੈ।
890	21	ਨਾਨਕ ਨਾਮੁ ਨ ਵੀਸਰੈ ਕਰਮਿ ਸਚੈ ਨੀਸਾਣੁ॥੪॥੧੯॥	(ਨੀਸਾਣੁ)ਲਿਖਤ	Naanak Naam N Veesarai Karam Sachai Neesaan ||4||19||	O Nanak, never forget the Naam, the Name of the Lord; the True Lord shall bless you with His Mark of Grace. ||4||19||	ਹੇ ਨਾਨਕ! ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਮਿਹਰ ਨਾਲ (ਜਿਸ ਮਨੁੱਖ ਦੇ ਮੱਥੇ ਉੱਤੇ) ਲੇਖ ਉੱਘੜਦਾ ਹੈ ਉਸ ਨੂੰ ਕਦੇ ਪ੍ਰਭੂ ਦਾ ਨਾਮ ਭੁੱਲਦਾ ਨਹੀਂ ॥੪॥੧੯॥
891	21	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
892	21	ਇਕੁ ਤਿਲੁ ਪਿਆਰਾ ਵੀਸਰੈ ਰੋਗੁ ਵਡਾ ਮਨ ਮਾਹਿ॥		Eik Thil Piaaraa Veesarai Rog Vaddaa Man Maahi ||	Forgetting the Beloved, even for a moment, the mind is afflicted with terrible diseases.	(ਅਜਿਹੇ ਸੁਭਾਗ ਬੰਦਿਆਂ ਨੂੰ) ਜੋ ਰਤਾ ਭਰ ਸਮੇਂ ਵਾਸਤੇ ਭੀ ਪ੍ਰੀਤਮ ਪ੍ਰਭੂ ਵਿਸਰ ਜਾਏ, ਤਾਂ ਉਹ ਆਪਣੇ ਮਨ ਵਿਚ ਵੱਡਾ ਰੋਗ (ਪੈਦਾ ਹੋ ਗਿਆ ਸਮਝਦੇ ਹਨ)।

893	21	ਕਿਉ ਦਰਗਹ ਪਤਿ ਪਾਈਐ ਜਾ ਹਰਿ ਨ ਵਸੈ ਮਨ ਮਾਹਿ॥		Kio Dharageh Path Paaeeai Jaa Har N Vasai Man Maahi ||	How can honor be attained in His Court, if the Lord does not dwell in the mind?	(ਉਂਞ ਭੀ) ਜੇ ਪਰਮਾਤਮਾ ਦਾ ਨਾਮ ਮਨ ਵਿਚ ਨਾਹ ਵੱਸੇ, ਤਾਂ ਪਰਮਾਤਮਾ ਦੀ ਦਰਗਾਹ ਵਿਚ ਇੱਜ਼ਤ ਨਹੀਂ ਮਿਲ ਸਕਦੀ।
894	21	ਗੁਰਿ ਮਿਲਿਐ ਸੁਖੁ ਪਾਈਐ ਅਗਨਿ ਮਰੈ ਗੁਣ ਮਾਹਿ॥੧॥		Gur Miliai Sukh Paaeeai Agan Marai Gun Maahi ||1||	Meeting with the Guru, peace is found. The fire is extinguished in His Glorious Praises. ||1||	ਜੇ ਗੁਰੂ ਮਿਲ ਪਏ, (ਤਾਂ ਉਹ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਦਾਤ ਦੇਂਦਾ ਹੈ, ਇਸ ਦੀ ਬਰਕਤਿ ਨਾਲ) ਆਤਮਕ ਆਨੰਦ ਪ੍ਰਾਪਤ ਹੁੰਦਾ ਹੈ (ਕਿਉਂਕਿ) ਸਿਫ਼ਤ-ਸਾਲਾਹ ਵਿਚ ਜੁੜਿਆਂ ਤ੍ਰਿਸ਼ਨਾ-ਅੱਗ ਬੁੱਝ ਜਾਂਦੀ ਹੈ ॥੧॥
895	21	ਮਨ ਰੇ ਅਹਿ ਨਿਸਿ ਹਰਿ ਗੁਣ ਸਾਰਿ॥	(ਸਾਰਿ) ਚੇਤੇ ਕਰ	Man Rae Ahinis Har Gun Saar ||	O mind, enshrine the Praises of the Lord, day and night.	ਹੇ (ਮੇਰੇ) ਮਨ! ਦਿਨ ਰਾਤ (ਹਰ ਵੇਲੇ) ਪਰਮਾਤਮਾ ਦੇ ਗੁਣ ਚੇਤੇ ਕਰਦਾ ਰਹੁ।
896	21	ਜਿਨ ਖਿਨੁ ਪਲੁ ਨਾਮੁ ਨ ਵੀਸਰੈ ਤੇ ਜਨ ਵਿਰਲੇ ਸੰਸਾਰਿ॥੧॥ਰਹਾਉ॥		Jin Khin Pal Naam N Veesarai Thae Jan Viralae Sansaar ||1|| Rehaao ||	One who does not forget the Naam, for a moment or even an instant-how rare is such a person in this world! ||1||Pause||	ਜਗਤ ਵਿਚ ਉਹ (ਭਾਗਾਂ ਵਾਲੇ) ਮਨੁੱਖ ਵਿਰਲੇ ਹੁੰਦੇ ਹਨ, ਜਿਨ੍ਹਾਂ ਨੂੰ ਪ੍ਰਭੂ ਦਾ ਨਾਮ ਖਿਨ ਪਲ ਵਾਸਤੇ ਭੀ ਨਹੀਂ ਭੁੱਲਦਾ ॥੧॥ ਰਹਾਉ ॥

897	21	ਜੋਤੀ ਜੋਤਿ ਮਿਲਾਈਐ ਸੁਰਤੀ ਸੁਰਤਿ ਸੰਜੋਗੁ॥		Jothee Joth Milaaeeai Surathee Surath Sanjog ||	When one's light merges into the Light, and one's intuitive consciousness is joined with the Intuitive Consciousness,	ਜੇ ਪ੍ਰਭੂ ਦੀ ਜੋਤਿ ਵਿਚ ਆਪਣੀ ਜਿੰਦ ਰਲਾ ਦੇਈਏ, ਉਸ ਵਿਚ ਆਪਣੀ ਸੁਰਤ ਦਾ ਮੇਲ ਕਰ ਦੇਈਏ,
898	21	ਹਿੰਸਾ ਹਉਮੈ ਗਤੁ ਗਏ ਨਾਹੀ ਸਹਸਾ ਸੋਗੁ॥	ਗਤੁ:ਪੋਲਾ ਬੋਲੋ। (ਗਤੁ) ਨਾਸ। (ਸਹਸਾ) ਸੰਸਾ, ਭਰਮ	Hinsaa Houmai Gath Geae Naahee Sehasaa Sog ||	Then one's cruel and violent instincts and egotism depart, and skepticism and sorrow are taken away.	ਤਾਂ ਕਠੋਰਤਾ ਤੇ ਹਉਮੈ ਦੂਰ ਹੋ ਜਾਂਦੀਆਂ ਹਨ, ਕੋਈ ਸਹਿਮ ਤੇ ਚਿੰਤਾ ਭੀ ਨਹੀਂ ਰਹਿ ਜਾਂਦੇ।
899	21	ਗੁਰਮੁਖਿ ਜਿਸੁ ਹਰਿ ਮਨਿ ਵਸੈ ਤਿਸੁ ਮੇਲੇ ਗੁਰੁ ਸੰਜੋਗੁ॥੨॥		Guramukh Jis Har Man Vasai This Maelae Gur Sanjog ||2||	The Lord abides within the mind of the Gurmukh, who merges in the Lord's Union, through the Guru. ||2||	ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਦੇ ਮਨ ਵਿਚ ਪ੍ਰਭੂ ਦੀ ਯਾਦ ਟਿਕਦੀ ਹੈ, ਗੁਰੂ ਉਸ ਨੂੰ ਪਰਮਾਤਮਾ ਨਾਲ ਮਿਲਣ ਦਾ ਪੂਰਾ ਅਵਸਰ ਬਖ਼ਸ਼ਦਾ ਹੈ ॥੨॥
900	21	ਕਾਇਆ ਕਾਮਣਿ ਜੇ ਕਰੀ ਭੋਗੇ ਭੋਗਣਹਾਰੁ॥		Kaaeiaa Kaaman Jae Karee Bhogae Bhoganehaar ||	If I surrender my body like a bride, the Enjoyer will enjoy me.	ਜਿਵੇਂ ਇਸਤ੍ਰੀ ਆਪਣੇ ਆਪ ਨੂੰ ਆਪਣੇ ਪਤੀ ਦੇ ਹਵਾਲੇ ਕਰਦੀ ਹੈ, ਤਿਵੇਂ ਜੇ ਮੈਂ ਕਾਇਆਂ ਨੂੰ ਇਸਤ੍ਰੀ ਬਣਾਵਾਂ, ਕਾਇਆਂ-ਇਸਤ੍ਰੀ (ਭਾਵ, ਗਿਆਨ-ਇੰਦ੍ਰਿਆਂ) ਨੂੰ ਪ੍ਰਭੂ ਵਾਲੇ ਪਾਸੇ ਪਰਤਾਵਾਂ, ਤਾਂ ਪ੍ਰਭੂ-ਪਤੀ ਦਾ ਮਿਲਾਪ ਹੋ ਜਾਏ।

901	21	ਤਿਸੁ ਸਿਉ ਨੇਹੁ ਨ ਕੀਜਈ ਜੋ ਦੀਸੈ ਚਲਣਹਾਰੁ॥	ਕੀੱਜਈ। ਚੱਲਣਹਾਰੁ	This Sio Naehu N Keejee Jo Dheesai Chalanehaar ||	Do not make love with one who is just a passing show.	ਇਸ ਸਰੀਰ ਨਾਲ (ਇਤਨਾ) ਮੋਹ ਨਹੀਂ ਕਰਨਾ ਚਾਹੀਦਾ (ਕਿ ਇਸ ਨੂੰ ਵਿਕਾਰਾਂ ਵਲ ਖੁਲ੍ਹ ਮਿਲੀ ਰਹੇ), ਇਹ ਤਾਂ ਪ੍ਰਤੱਖ ਤੌਰ ਤੇ ਨਾਸਵੰਤ ਹੈ।
902	21	ਗੁਰਮੁਖਿ ਰਵਹਿ ਸੋਹਾਗਣੀ ਸੋ ਪ੍ਰਭੁ ਸੇਜ ਭਤਾਰੁ॥੩॥	(ਰਵਹਿ) ਯਾਦ ਕਰਦੇ	Guramukh Ravehi Sohaaganee So Prabh Saej Bhathaar ||3||	The Gurmukh is ravished like the pure and happy bride on the Bed of God, her Husband. ||3||	ਗੁਰੂ ਦੇ ਰਾਹੇ ਤੁਰਨ ਵਾਲੀਆਂ ਜੀਵ-ਇਸਤ੍ਰੀਆਂ ਪ੍ਰਭੂ ਨੂੰ ਸਿਮਰਦੀਆਂ ਹਨ, ਉਹ ਪ੍ਰਭੂ ਉਹਨਾਂ ਦੇ ਹਿਰਦੇ-ਸੇਜ ਉਤੇ ਬੈਠਦਾ ਹੈ ॥੩॥
903	22	ਚਾਰੇ ਅਗਨਿ ਨਿਵਾਰਿ ਮਰੁ ਗੁਰਮੁਖਿ ਹਰਿ ਜਲੁ ਪਾਇ॥	(ਨਿਵਾਰਿ) ਦੂਰ ਕਰ	Chaarae Agan Nivaar Mar Guramukh Har Jal Paae ||	The Gurmukh puts out the four fires, with the Water of the Lord's Name.	ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ-ਜਲ ਪਾ ਕੇ (ਹਿਰਦੇ ਵਿਚ) ਧੁਖਦੀਆਂ ਚੌਹਾਂ ਅੱਗਾਂ ਨੂੰ ਬੁਝਾ ਦੇ (ਤੇ ਤ੍ਰਿਸ਼ਨਾ ਵਾਲੇ ਪਾਸੇ ਤੋਂ) ਮਰ ਜਾ।
904	22	ਅੰਤਰਿ ਕਮਲੁ ਪ੍ਰਗਾਸਿਆ ਅੰਮ੍ਰਿਤੁ ਭਰਿਆ ਅਘਾਇ॥	(ਅਘਾਇ) ਤ੍ਰਿਪਤ	Anthar Kamal Pragaasiaa Anmrith Bhariaa Aghaae ||	The lotus blossoms deep within the heart, and filled with Ambrosial Nectar, one is satisfied.	(ਇਸ ਤਰ੍ਹਾਂ) ਤੇਰੇ ਅੰਦਰ (ਹਿਰਦਾ-) ਕੌਲ ਖਿੜ ਪਏਗਾ, (ਤੇਰੇ ਹਿਰਦੇ ਵਿਚ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਭਰ ਜਾਏਗਾ।
905	22	ਨਾਨਕ ਸਤਗੁਰੁ ਮੀਤੁ ਕਰਿ ਸਚੁ ਪਾਵਹਿ ਦਰਗਹ ਜਾਇ॥੪॥੨੦॥		Naanak Sathagur Meeth Kar Sach Paavehi Dharageh Jaae ||4||20||	O Nanak, make the True Guru your friend; going to His Court, you shall obtain the True Lord. ||4||20||	ਹੇ ਨਾਨਕ! ਗੁਰੂ ਨੂੰ ਮਿੱਤਰ ਬਣਾ, ਯਕੀਨੀ ਤੌਰ ਤੇ ਪਰਮਾਤਮਾ ਦੀ ਹਜ਼ੂਰੀ ਪ੍ਰਾਪਤ ਕਰ ਲਏਂਗਾ ॥੪॥੨੦॥{21-22}

906	22	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
907	22	ਹਰਿ ਹਰਿ ਜਪਹੁ ਪਿਆਰਿਆ ਗੁਰਮਤਿ ਲੇ ਹਰਿ ਬੋਲਿ॥		Har Har Japahu Piaariaa Guramath Lae Har Bol ||	Meditate on the Lord, Har, Har, O my beloved; follow the Guru's Teachings, and speak of the Lord.	ਹੇ ਪਿਆਰੇ! ਹਰਿ-ਨਾਮ ਜਪੋ, ਗੁਰੂ ਦੀ ਮਤਿ ਉਤੇ ਤੁਰ ਕੇ ਹਰੀ ਦਾ ਸਿਮਰਨ ਕਰੋ।
908	22	ਮਨੁ ਸਚ ਕਸਵਟੀ ਲਾਈਐ ਤੁਲੀਐ ਪੂਰੈ ਤੋਲਿ॥	ਕਸਵੱਟੀ	Man Sach Kasavattee Laaeeai Thuleeai Poorai Thol ||	Apply the Touchstone of Truth to your mind, and see if it comes up to its full weight.	ਜਦੋਂ ਮਨ ਸਿਮਰਨ ਦੀ ਕਸਵੱਟੀ ਉਤੇ ਲਾਇਆ ਜਾਂਦਾ ਹੈ (ਤਦੋਂ ਸਿਮਰਨ ਦੀ ਬਰਕਤਿ ਨਾਲ) ਇਹ ਤੋਲ ਵਿਚ ਪੂਰਾ ਉਤਰਦਾ ਹੈ।
909	22	ਕੀਮਤਿ ਕਿਨੈ ਨ ਪਾਈਐ ਰਿਦ ਮਾਣਕ ਮੋਲਿ ਅਮੋਲਿ॥੧॥		Keemath Kinai N Paaeeai Ridh Maanak Mol Amol ||1||	No one has found the worth of the ruby of the heart; its value cannot be estimated. ||1||	ਤਦੋਂ ਹਿਰਦਾ-ਮਾਣਕ ਮੁੱਲੋਂ ਅਮੁੱਲ ਹੋ ਜਾਂਦਾ ਹੈ, ਕੋਈ ਇਸ ਦਾ ਮੁੱਲ ਨਹੀਂ ਪਾ ਸਕਦਾ ॥੧॥
910	22	ਭਾਈ ਰੇ ਹਰਿ ਹੀਰਾ ਗੁਰ ਮਾਹਿ॥		Bhaaee Rae Har Heeraa Gur Maahi ||	O Siblings of Destiny, the Diamond of the Lord is within the Guru.	ਹੇ ਭਾਈ! ਇਹ ਕੀਮਤੀ ਹਰਿ-ਨਾਮ ਗੁਰੂ ਦੇ ਕੋਲ ਹੈ।

911	22	ਸਤਸੰਗਤਿ ਸਤਗੁਰੁ ਪਾਈਐ ਅਹਿ ਨਿਸਿ ਸਬਦਿ ਸਲਾਹਿ॥੧॥ਰਹਾਉ॥		Sathasangath Sathagur Paaeeai Ahinis Sabadh Salaahi ||1|| Rehaao ||	The True Guru is found in the Sat Sangat, the True Congregation. Day and night, praise the Word of His Shabad. ||1||Pause||	ਗੁਰੂ ਸਾਧ ਸੰਗਤਿ ਵਿਚ ਮਿਲਦਾ ਹੈ। (ਸੋ, ਹੇ ਭਾਈ! ਸਾਧ ਸੰਗਤਿ ਵਿਚ ਜਾ ਕੇ) ਗੁਰੂ ਦੇ ਸ਼ਬਦ ਵਿਚ ਜੁੜ ਕੇ ਦਿਨ ਰਾਤ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰ ॥੧॥ ਰਹਾਉ ॥
912	22	ਸਚੁ ਵਖਰੁ ਧਨੁ ਰਾਸਿ ਲੈ ਪਾਈਐ ਗੁਰ ਪਰਗਾਸਿ॥		Sach Vakhar Dhhan Raas Lai Paaeeai Gur Paragaas ||	The True Merchandise, Wealth and Capital are obtained through the Radiant Light of the Guru.	(ਹੇ ਭਾਈ!) ਸਦਾ ਕਾਇਮ ਰਹਿਣ ਵਾਲਾ ਸੌਦਾ ਧਨ ਸਰਮਾਇਆ ਇਕੱਠਾ ਕਰ। ਇਹ ਧਨ ਗੁਰੂ ਦੇ ਬਖ਼ਸ਼ੇ ਆਤਮਕ ਚਾਨਣ ਨਾਲ ਲੱਭਦਾ ਹੈ।
913	22	ਜਿਉ ਅਗਨਿ ਮਰੈ ਜਲਿ ਪਾਇਐ ਤਿਉ ਤ੍ਰਿਸਨਾ ਦਾਸਨਿ ਦਾਸਿ॥	ਪਾਇਐਈੜੀ: ਸਿਹਾਰੀ ਬੋਲੋ	Jio Agan Marai Jal Paaeiai Thio Thrisanaa Dhaasan Dhaas ||	Just as fire is extinguished by pouring on water, desire becomes the slave of the Lord's slaves.	ਜਿਵੇਂ ਪਾਣੀ ਪਾਇਆਂ ਅੱਗ ਬੁੱਝ ਜਾਂਦੀ ਹੈ, ਤਿਵੇਂ ਪ੍ਰਭੂ ਦੇ ਦਾਸਾਂ ਦਾ ਦਾਸ ਬਣਿਆਂ ਤ੍ਰਿਸ਼ਨਾ (-ਅੱਗ) ਬੁੱਝ ਜਾਂਦੀ ਹੈ।
914	22	ਜਮ ਜੰਦਾਰੁ ਨ ਲਗਈ ਇਉ ਭਉਜਲੁ ਤਰੈ ਤਰਾਸਿ॥੨॥	(ਜੰਦਾਰੁ) ਚੰਡਾਲ। ਲੱਗਈ	Jam Jandhaar N Lagee Eio Bhoujal Tharai Tharaas ||2||	The Messenger of Death will not touch you; in this way, you shall cross over the terrifying world-ocean, carrying others across with you. ||2||	(ਜੇਹੜਾ ਬੰਦਾ ਨਾਮ-ਧਨ ਇਕੱਠਾ ਕਰਦਾ ਹੈ) ਉਸ ਨੂੰ ਡਰਾਉਣਾ ਜਮਰਾਜ ਪੋਹ ਨਹੀਂ ਸਕਦਾ। ਇਸ ਤਰ੍ਹਾਂ ਉਹ ਮਨੁੱਖ ਸੰਸਾਰ-ਸਮੁੰਦਰ ਤੋਂ ਸਹੀ ਸਲਾਮਤ ਪਾਰ ਲੰਘ ਜਾਂਦਾ ਹੈ ॥੨॥

915	22	ਗੁਰਮੁਖਿ ਕੂੜੁ ਨ ਭਾਵਈ ਸਚਿ ਰਤੇ ਸਚ ਭਾਇ॥		Guramukh Koorr N Bhaavee Sach Rathae Sach Bhaae ||	The Gurmukhs do not like falsehood. They are imbued with Truth; they love only Truth.	ਗੁਰੂ ਦੇ ਰਾਹੇ ਤੁਰਨ ਵਾਲੇ ਬੰਦਿਆਂ ਨੂੰ ਝੂਠਾ ਪਦਾਰਥ ਪਸੰਦ ਨਹੀਂ ਆਉਂਦਾ (ਭਾਵ, ਉਹ ਦੁਨੀਆਵੀ ਪਦਾਰਥਾਂ ਵਿਚ ਚਿੱਤ ਨਹੀਂ ਜੋੜਦੇ) ਉਹ ਸੱਚੇ ਪ੍ਰਭੂ ਵਿਚ ਰੰਗੇ ਰਹਿੰਦੇ ਹਨ, ਉਹ ਸਦਾ-ਥਿਰ ਪ੍ਰਭੂ ਦੇ ਪਿਆਰ ਵਿਚ ਜੁੜੇ ਰਹਿੰਦੇ ਹਨ।
916	22	ਸਾਕਤ ਸਚੁ ਨ ਭਾਵਈ ਕੂੜੈ ਕੂੜੀ ਪਾਂਇ॥		Saakath Sach N Bhaavee Koorrai Koorree Paane ||	The shaaktas, the faithless cynics, do not like the Truth; false are the foundations of the false.	(ਪਰ) ਮਾਇਆ-ਵੇੜ੍ਹੇ ਬੰਦੇ ਨੂੰ ਪ੍ਰਭੂ ਦਾ ਨਾਮ ਚੰਗਾ ਨਹੀਂ ਲੱਗਦਾ। ਕੂੜ ਵਿਚ ਫਸੇ ਹੋਏ ਦੀ ਇੱਜ਼ਤ ਭੀ ਝੂਠੀ ਹੀ ਹੁੰਦੀ ਹੈ (ਇੱਜ਼ਤ ਭੀ ਚਾਰ ਦਿਨਾਂ ਦੀ ਹੀ ਹੁੰਦੀ ਹੈ)।
917	22	ਸਚਿ ਰਤੇ ਗੁਰਿ ਮੇਲਿਐ ਸਚੇ ਸਚਿ ਸਮਾਇ॥੩॥		Sach Rathae Gur Maeliai Sachae Sach Samaae ||3||	Imbued with Truth, you shall meet the Guru. The true ones are absorbed into the True Lord. ||3||	(ਪਰ ਇਹ ਆਪਣੇ ਵੱਸ ਦੀ ਖੇਡ ਨਹੀਂ) ਜਿਨ੍ਹਾਂ ਨੂੰ ਗੁਰੂ (ਪ੍ਰਭੂ-ਚਰਨਾਂ ਵਿਚ) ਮਿਲਾ ਲਏ ਉਹ ਪ੍ਰਭੂ ਵਿਚ ਰੰਗੇ ਰਹਿੰਦੇ ਹਨ, ਉਹਨਾਂ ਦੀ ਲੀਨਤਾ ਸਦਾ ਪ੍ਰਭੂ ਯਾਦ ਵਿਚ ਹੀ ਰਹਿੰਦੀ ਹੈ ॥੩॥
918	22	ਮਨ ਮਹਿ ਮਾਣਕੁ ਲਾਲੁ ਨਾਮੁ ਰਤਨੁ ਪਦਾਰਥੁ ਹੀਰੁ॥		Man Mehi Maanak Laal Naam Rathan Padhaarathh Heer ||	Within the mind are emeralds and rubies, the Jewel of the Naam, treasures and diamonds.	ਪ੍ਰਭੂ ਦਾ ਨਾਮ (ਜੋ, ਮਾਨੋ) ਮਾਣਕ ਹੈ, ਲਾਲ ਹੈ, ਰਤਨ ਹੈ, ਹੀਰਾ ਹੈ, ਹਰੇਕ ਮਨੁੱਖ ਦੇ ਅੰਦਰ ਵੱਸਦਾ ਹੈ।

919	22	ਸਚੁ ਵਖਰੁ ਧਨੁ ਨਾਮੁ ਹੈ ਘਟਿ ਘਟਿ ਗਹਿਰ ਗੰਭੀਰੁ॥		Sach Vakhar Dhhan Naam Hai Ghatt Ghatt Gehir Ganbheer ||	The Naam is the True Merchandise and Wealth; in each and every heart, His Presence is deep and profound.	ਅਥਾਹ ਪ੍ਰਭੂ ਹਰੇਕ ਸਰੀਰ ਵਿਚ ਮੌਜੂਦ ਹੈ। ਉਸ ਦਾ ਨਾਮ ਹੀ ਸਦਾ-ਥਿਰ ਰਹਿਣ ਵਾਲਾ ਸੌਦਾ ਹੈ ਧਨ ਹੈ।
920	22	ਨਾਨਕ ਗੁਰਮੁਖਿ ਪਾਈਐ ਦਇਆ ਕਰੇ ਹਰਿ ਹੀਰੁ॥੪॥੨੧॥		Naanak Guramukh Paaeeai Dhaeiaa Karae Har Heer ||4||21||	O Nanak, the Gurmukh finds the Diamond of the Lord, by His Kindness and Compassion. ||4||21||	(ਪਰ) ਹੇ ਨਾਨਕ! ਜਿਸ ਮਨੁੱਖ ਉਤੇ ਹੀਰਾ ਪ੍ਰਭੂ ਮਿਹਰ ਕਰਦਾ ਹੈ ਉਸ ਨੂੰ ਉਸ ਦਾ ਨਾਮ ਗੁਰੂ ਦੀ ਰਾਹੀਂ ਮਿਲਦਾ ਹੈ ॥੪॥੨੧॥
921	22	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
922	22	ਭਰਮੇ ਭਾਹਿ ਨ ਵਿਝਵੈ ਜੇ ਭਵੈ ਦਿਸੰਤਰ ਦੇਸੁ॥	(ਭਾਹਿ) ਅੱਗ। ਵਿਝਵੈ: ਪੋਲਾ ਬੋਲੋ। (ਵਿਝਵੈ) ਬੁਝਦੀ	Bharamae Bhaahi N Vijhavai Jae Bhavai Dhisanthar Dhaes ||	The fire of doubt is not extinguished, even by wandering through foreign lands and countries.	(ਗੁਰੂ ਦੀ ਸਰਨ ਛੱਡ ਕੇ) ਜੇ ਮਨੁੱਖ (ਸੰਨਿਆਸ-ਭੇਖ ਧਾਰ ਕੇ) ਦੇਸ ਦੇਸ ਵਿਚ ਭੌਂਦਾ ਫਿਰੇ, (ਥਾਂ ਥਾਂ) ਭੌਣ ਨਾਲ (ਤ੍ਰਿਸ਼ਨਾ ਦੀ) ਅੱਗ ਬੁੱਝ ਨਹੀਂ ਸਕਦੀ।
923	22	ਅੰਤਰਿ ਮੈਲੁ ਨ ਉਤਰੈ ਧ੍ਰਿਗੁ ਜੀਵਣੁ ਧ੍ਰਿਗੁ ਵੇਸੁ॥	ਉੱਤਰੈ	Anthar Mail N Outharai Dhhrig Jeevan Dhhrig Vaes ||	If inner filth is not removed, one's life is cursed, and one's clothes are cursed.	ਅੰਦਰੋਂ (ਵਿਕਾਰਾਂ ਦੀ) ਮੈਲ ਨਹੀਂ ਲਹਿੰਦੀ, ਅਜੇਹਾ ਜੀਵਨ ਫਿਟਕਾਰ-ਜੋਗ ਹੀ ਰਹਿੰਦਾ ਹੈ, ਅਜੇਹਾ ਭੇਖ ਫਿਟਕਾਰ ਹੀ ਖਾਂਦਾ ਹੈ।

924	22	ਹੋਰੁ ਕਿਤੈ ਭਗਤਿ ਨ ਹੋਵਈ ਬਿਨੁ ਸਤਿਗੁਰ ਕੇ ਉਪਦੇਸ॥੧॥		Hor Kithai Bhagath N Hovee Bin Sathigur Kae Oupadhaes ||1||	There is no other way to perform devotional worship, except through the Teachings of the True Guru. ||1||	(ਇਹ ਗੱਲ ਪੱਕ ਜਾਣ ਕਿ) ਸਤਿਗੁਰੂ ਦੀ ਸਿੱਖਿਆ ਗ੍ਰਹਿਣ ਕਰਨ ਤੋਂ ਬਿਨਾ ਹੋਰ ਕਿਸੇ ਥਾਂ ਭੀ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ (ਤੇ ਭਗਤੀ ਤੋਂ ਬਿਨਾ ਤ੍ਰਿਸ਼ਨਾ ਨਹੀਂ ਮੁੱਕਦੀ) ॥੧॥
925	22	ਮਨ ਰੇ ਗੁਰਮੁਖਿ ਅਗਨਿ ਨਿਵਾਰਿ॥		Man Rae Guramukh Agan Nivaar ||	O mind, become Gurmukh, and extinguish the fire within.	ਹੇ ਮਨ! ਗੁਰੂ ਦੀ ਸਰਨ ਪੈ ਕੇ (ਤ੍ਰਿਸ਼ਨਾ ਦੀ) ਅੱਗ ਦੂਰ ਕਰ ਸਕੀਦੀ ਹੈ।
926	22	ਗੁਰ ਕਾ ਕਹਿਆ ਮਨਿ ਵਸੈ ਹਉਮੈ ਤ੍ਰਿਸਨਾ ਮਾਰਿ॥੧॥ਰਹਾਉ॥		Gur Kaa Kehiaa Man Vasai Houmai Thrisanaa Maar ||1|| Rehaao ||	Let the Words of the Guru abide within your mind; let egotism and desires die. ||1||Pause||	ਜਦੋਂ ਗੁਰੂ ਦਾ ਦੱਸਿਆ ਹੋਇਆ ਉਪਦੇਸ਼ ਮਨ ਵਿਚ ਟਿਕ ਜਾਏ, ਤਾਂ ਮੈਂ ਵੱਡਾ ਹੋ ਜਾਵਾਂ, ਮੈਂ ਵੱਡਾ ਹੋ ਜਾਵਾਂ, ਇਹ ਲਾਲਚ ਮੁਕਾ ਲਈਦਾ ਹੈ ॥੧॥ ਰਹਾਉ ॥
927	22	ਮਨੁ ਮਾਣਕੁ ਨਿਰਮੋਲੁ ਹੈ ਰਾਮ ਨਾਮਿ ਪਤਿ ਪਾਇ॥		Man Maanak Niramol Hai Raam Naam Path Paae ||	The jewel of the mind is priceless; through the Name of the Lord, honor is obtained.	ਪਰਮਾਤਮਾ ਦੇ ਨਾਮ ਵਿਚ ਜੁੜ ਕੇ ਇਹ ਮਨ ਵਡ-ਮੁੱਲਾ ਮੋਤੀ ਬਣ ਜਾਂਦਾ ਹੈ, (ਹਰ ਥਾਂ) ਇੱਜ਼ਤ ਪਾਂਦਾ ਹੈ।
928	22	ਮਿਲਿ ਸਤਸੰਗਤਿ ਹਰਿ ਪਾਈਐ ਗੁਰਮੁਖਿ ਹਰਿ ਲਿਵ ਲਾਇ॥		Mil Sathasangath Har Paaeeai Guramukh Har Liv Laae ||	Join the Sat Sangat, the True Congregation, and find the Lord. The Gurmukh embraces love for the Lord.	(ਪਰ) ਪਰਮਾਤਮਾ ਦਾ ਨਾਮ ਸਾਧ ਸੰਗਤਿ ਵਿਚ ਮਿਲ ਕੇ ਹੀ ਪ੍ਰਾਪਤ ਹੁੰਦਾ ਹੈ, ਗੁਰੂ ਦੀ ਸਰਨ ਪਿਆਂ ਹੀ ਪਰਮਾਤਮਾ (ਦੇ ਚਰਨਾਂ) ਵਿਚ ਸੁਰਤ ਜੁੜਦੀ ਹੈ।

929	22	ਆਪੁ ਗਇਆ ਸੁਖੁ ਪਾਇਆ ਮਿਲਿ ਸਲਲੈ ਸਲਲ ਸਮਾਇ॥੨॥	ਗ-ਇਆ। (ਸਲਲੈ) ਪਾਣੀ ਚ (ਸਲਲ) ਪਾਣੀ (ਸਮਾਇ) ਮਿਲ ਜਾਂਦਾ ਹੈ	Aap Gaeiaa Sukh Paaeiaa Mil Salalai Salal Samaae ||2||	Give up your selfishness, and you shall find peace; like water mingling with water, you shall merge in absorption. ||2||	(ਪ੍ਰਭੂ-ਚਰਨਾਂ ਵਿਚ ਸੁਰਤ ਟਿਕਿਆਂ ਮਨੁੱਖ ਦੇ ਅੰਦਰੋਂ) ਆਪਾ-ਭਾਵ ਦੂਰ ਹੋ ਜਾਂਦਾ ਹੈ, ਆਤਮਕ ਅਨੰਦ ਮਿਲਦਾ ਹੈ (ਪਰਮਾਤਮਾ ਨਾਲ ਮਨੁੱਖ ਇਉਂ ਇਕ-ਮਿਕ ਹੋ ਜਾਂਦਾ ਹੈ) ਜਿਵੇਂ ਪਾਣੀ ਨਾਲ ਪਾਣੀ ਮਿਲ ਕੇ ਇਕ-ਰੂਪ ਹੋ ਜਾਂਦਾ ਹੈ ॥੨॥
930	22	ਜਿਨਿ ਹਰਿ ਹਰਿ ਨਾਮੁ ਨ ਚੇਤਿਓ ਸੁ ਅਉਗੁਣਿ ਆਵੈ ਜਾਇ॥		Jin Har Har Naam N Chaethiou S Aougun Aavai Jaae ||	Those who have not contemplated the Name of the Lord, Har, Har, are unworthy; they come and go in reincarnation.	ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਨਹੀਂ ਸਿਮਰਿਆ, ਉਹ ਵਿਕਾਰੀ ਜੀਵਨ ਵਿਚ ਰਹਿ ਕੇ ਜੰਮਦਾ ਮਰਦਾ ਹੈ।
931	22	ਜਿਸੁ ਸਤਗੁਰੁ ਪੁਰਖੁ ਨ ਭੇਟਿਓ ਸੁ ਭਉਜਲਿ ਪਚੈ ਪਚਾਇ॥	(ਭੇਟਿਓ) ਮਿਲੇ। (ਭਉਜਲਿ) ਸੰਸਾਰ ਸਮੁੰਦ੍ਰ। ਆਪ (ਪਚੈ) ਸੜਦੇ ਹਨ, ਹੋਰਨਾ ਨੂੰ (ਪਚਾਇ) ਸਾੜਦੇ ਹਨ	Jis Sathagur Purakh N Bhaettiou S Bhoujal Pachai Pachaae ||	One who has not met with the True Guru, the Primal Being, is bothered and bewildered in the terrifying world-ocean.	ਜਿਸ ਮਨੁੱਖ ਨੂੰ ਸਤਿਗੁਰੂ ਨਹੀਂ ਮਿਲਿਆ ਉਹ ਸੰਸਾਰ-ਸਮੁੰਦਰ (ਦੇ ਵਿਕਾਰਾਂ) ਵਿਚ ਹੀ ਖ਼ੁਆਰ ਹੁੰਦਾ ਰਹਿੰਦਾ ਹੈ।
932	22	ਇਹੁ ਮਾਣਕੁ ਜੀਉ ਨਿਰਮੋਲੁ ਹੈ ਇਉ ਕਉਡੀ ਬਦਲੈ ਜਾਇ॥੩॥		Eihu Maanak Jeeo Niramol Hai Eio Kouddee Badhalai Jaae ||3||	This jewel of the soul is priceless, and yet it is being squandered like this, in exchange for a mere shell. ||3||	(ਪ੍ਰਭੂ ਦੀ ਅੰਸ) ਇਹ ਜਿੰਦ ਵਡ-ਮੁੱਲਾ ਮੋਤੀ ਹੈ, (ਪਰ) ਇਸ ਤਰ੍ਹਾਂ (ਵਿਕਾਰਾਂ ਵਿਚ ਖਚਿਤ ਹੋ ਕੇ) ਕਉਡੀ ਦੇ ਵੱਟੇ ਜ਼ਾਇਆ ਹੋ ਜਾਂਦਾ ਹੈ ॥੩॥

933	22	ਜਿੰਨਾ ਸਤਗੁਰੁ ਰਸਿ ਮਿਲੈ ਸੇ ਪੂਰੇ ਪੁਰਖ ਸੁਜਾਣੁ॥	(ਸੁਜਾਣੁ) ਸ੍ਰੇਸ਼ਟ ਜਾਣੀ ਜਾਣ	Jinnaa Sathagur Ras Milai Sae Poorae Purakh Sujaan ||	Those who joyfully meet with the True Guru are perfectly fulfilled and wise.	ਜਿਨ੍ਹਾਂ ਮਨੁੱਖਾਂ ਨੂੰ ਪ੍ਰੇਮ ਦੇ ਕਾਰਨ ਸਤਿਗੁਰੂ ਮਿਲਦਾ ਹੈ, ਉਹ ਪੂਰੇ (ਭਾਂਡੇ) ਹਨ, ਉਹ ਸਿਆਣੇ ਹਨ।
934	22	ਗੁਰ ਮਿਲਿ ਭਉਜਲੁ ਲੰਘੀਐ ਦਰਗਹ ਪਤਿ ਪਰਵਾਣੁ॥		Gur Mil Bhoujal Langheeai Dharageh Path Paravaan ||	Meeting with the Guru, they cross over the terrifying world-ocean. In the Court of the Lord, they are honored and approved.	(ਕਿਉਂਕਿ) ਗੁਰੂ ਨੂੰ ਮਿਲ ਕੇ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ, ਪ੍ਰਭੂ ਦੀ ਹਜ਼ੂਰੀ ਵਿਚ ਇੱਜ਼ਤ ਮਿਲਦੀ ਹੈ, ਕਬੂਲ ਹੋਵੀਦਾ ਹੈ।
935	22	ਨਾਨਕ ਤੇ ਮੁਖ ਉਜਲੇ ਧੁਨਿ ਉਪਜੈ ਸਬਦੁ ਨੀਸਾਣੁ॥੪॥੨੨॥	(ਧੁਨਿ ਉਪਜੈ ਸਬਦੁ ਨੀਸਾਣੁ) ਅਜਪਾ ਜਾਪ। ਉੱਜਲੇ	Naanak Thae Mukh Oujalae Dhhun Oupajai Sabadh Neesaan ||4||22||	O Nanak, their faces are radiant; the Music of the Shabad, the Word of God, wells up within them. ||4||22||	ਹੇ ਨਾਨਕ! ਉਹ ਬੰਦੇ ਉੱਜਲ-ਮੁੱਖ (ਸੁਰਖ਼ਰੂ) ਹਨ, ਜਿਨ੍ਹਾਂ ਦੇ ਅੰਦਰ ਗੁਰੂ ਦਾ ਸ਼ਬਦ-ਵਾਜਾ ਵੱਜਦਾ ਹੈ (ਭਾਵ, ਗੁਰੂ ਦਾ ਸ਼ਬਦ ਆਪਣਾ ਪੂਰਾ ਪ੍ਰਭਾਵ ਪਾਈ ਰੱਖਦਾ ਹੈ), (ਸਿਮਰਨ ਦੀ) ਲਹਰ ਉੱਠੀ ਰਹਿੰਦੀ ਹੈ ॥੪॥੨੨॥
936	22	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
937	22	ਵਣਜੁ ਕਰਹੁ ਵਣਜਾਰਿਹੋ ਵਖਰੁ ਲੇਹੁ ਸਮਾਲਿ॥	(ਵਣਜੁ) ਵਪਾਰ	Vanaj Karahu Vanajaariho Vakhar Laehu Samaal ||	Make your deals, dealers, and take care of your merchandise.	ਹੇ (ਰਾਮ ਨਾਮ ਦਾ) ਵਣਜ ਕਰਨ ਆਏ ਜੀਵੋ! (ਨਾਮ ਦਾ) ਵਪਾਰ ਕਰੋ, ਨਾਮ-ਸੌਦਾ ਸੰਭਾਲ ਲਵੋ।

938	22	ਤੈਸੀ ਵਸਤੁ ਵਿਸਾਹੀਐ ਜੈਸੀ ਨਿਬਹੈ ਨਾਲਿ॥	(ਵਿਸਾਹੀਐ) ਖ਼੍ਰੀਦੋ	Thaisee Vasath Visaaheeai Jaisee Nibehai Naal ||	Buy that object which will go along with you.	ਉਹੋ ਜਿਹਾ ਸੌਦਾ ਹੀ ਖ਼ਰੀਦਣਾ ਚਾਹੀਦਾ ਹੈ, ਜੇਹੜਾ ਸਦਾ ਲਈ ਸਾਥ ਨਿਬਾਹੇ।
939	22	ਅਗੈ ਸਾਹੁ ਸੁਜਾਣੁ ਹੈ ਲੈਸੀ ਵਸਤੁ ਸਮਾਲਿ॥੧॥		Agai Saahu Sujaan Hai Laisee Vasath Samaal ||1||	In the next world, the All-knowing Merchant will take this object and care for it. ||1||	ਪਰਲੋਕ ਵਿਚ ਬੈਠਾ ਸ਼ਾਹ ਸਿਆਣਾ ਹੈ ਉਹ (ਸਾਡੇ ਖ਼ਰੀਦੇ ਹੋਏ) ਸੌਦੇ ਨੂੰ ਪੂਰੀ ਪਰਖ ਕਰ ਕੇ ਕਬੂਲ ਕਰੇਗਾ ॥੧॥
940	22	ਭਾਈ ਰੇ ਰਾਮੁ ਕਹਹੁ ਚਿਤੁ ਲਾਇ॥		Bhaaee Rae Raam Kehahu Chith Laae ||	O Siblings of Destiny, chant the Lord's Name, and focus your consciousness on Him.	ਹੇ ਭਾਈ! ਚਿੱਤ ਲਾ ਕੇ (ਪ੍ਰੇਮ ਨਾਲ) ਪਰਮਾਤਮਾ ਦਾ ਨਾਮ ਜਪੋ।
941	22	ਹਰਿ ਜਸੁ ਵਖਰੁ ਲੈ ਚਲਹੁ ਸਹੁ ਦੇਖੈ ਪਤੀਆਇ॥੧॥ਰਹਾਉ॥	(ਵੱਖਰੁ) ਲਾਭਦਾਇਕ ਸੌਦਾ। (ਪਤੀ-ਆਇ) ਖੁਸ਼। ਚੱਲਹੁ	Har Jas Vakhar Lai Chalahu Sahu Dhaekhai Patheeaae ||1|| Rehaao ||	Take the Merchandise of the Lord's Praises with you. Your Husband Lord shall see this and approve. ||1||Pause||	(ਇਥੋਂ ਆਪਣੇ ਨਾਲ) ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਸੌਦਾ ਲੈ ਕੇ ਤੁਰੋ, ਖਸਮ-ਪ੍ਰਭੂ ਖ਼ੁਸ਼ ਹੋ ਕੇ ਵੇਖੇਗਾ ॥੧॥ ਰਹਾਉ ॥
942	23	ਜਿਨਾ ਰਾਸਿ ਨ ਸਚੁ ਹੈ ਕਿਉ ਤਿਨਾ ਸੁਖੁ ਹੋਇ॥	(ਰਾਸਿ) ਪੂੰਜੀ	Jinaa Raas N Sach Hai Kio Thinaa Sukh Hoe ||	Those who do not have the Assets of Truth-how can they find peace?	ਜਿਨ੍ਹਾਂ ਮਨੁੱਖਾਂ ਦੇ ਕੋਲ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੇ ਨਾਮ ਦੀ ਪੂੰਜੀ ਨਹੀਂ, ਉਹਨਾਂ ਨੂੰ ਕਦੇ ਆਤਮਕ ਆਨੰਦ ਨਹੀਂ ਹੋ ਸਕਦਾ।

943	23	ਖੋਟੈ ਵਣਜਿ ਵਣੰਜਿਐ ਮਨੁ ਤਨੁ ਖੋਟਾ ਹੋਇ॥		Khottai Vanaj Vananjiai Man Than Khottaa Hoe ||	By dealing their deals of falsehood, their minds and bodies become false.	ਜੇ ਨਿੱਤ ਖੋਟਾ ਵਪਾਰ ਹੀ ਕਰਦੇ ਰਹੀਏ, ਤਾਂ ਮਨ ਭੀ ਖੋਟਾ ਹੋ ਜਾਂਦਾ ਹੈ ਤੇ ਸਰੀਰ ਭੀ ਖੋਟਾ (ਭਾਵ, ਖੋਟ ਮਨੁੱਖ ਦੇ ਅੰਦਰ ਰਚ ਜਾਂਦਾ ਹੈ)।
944	23	ਫਾਹੀ ਫਾਥੇ ਮਿਰਗ ਜਿਉ ਦੂਖੁ ਘਣੋ ਨਿਤ ਰੋਇ॥੨॥		Faahee Faathhae Mirag Jio Dhookh Ghano Nith Roe ||2||	Like the deer caught in the trap, they suffer in terrible agony; they continually cry out in pain. ||2||	ਜਿਵੇਂ ਫਾਹੀ ਵਿਚ ਫਸਿਆ ਹੋਇਆ ਹਰਨ ਦੁਖੀ ਹੁੰਦਾ ਹੈ, ਤਿਵੇਂ (ਖੋਟ ਦੀ ਫਾਹੀ ਵਿਚ ਫਸ ਕੇ) ਜੀਵ ਨੂੰ ਬਹੁਤ ਦੁਖ ਹੁੰਦਾ ਹੈ, ਉਹ ਨਿੱਤ ਦੁਖੀ ਹੁੰਦਾ ਹੈ ॥੨॥
945	23	ਖੋਟੇ ਪੋਤੈ ਨਾ ਪਵਹਿ ਤਿਨ ਹਰਿ ਗੁਰ ਦਰਸੁ ਨ ਹੋਇ॥	(ਪੋਤੈ)ਖ਼ਜ਼ਾਨੇ	Khottae Pothai Naa Pavehi Thin Har Gur Dharas N Hoe ||	The counterfeit coins are not put into the Treasury; they do not obtain the Blessed Vision of the Lord-Guru.	ਖੋਟੇ ਸਿੱਕੇ (ਸਰਕਾਰੀ) ਖ਼ਜ਼ਾਨੇ ਵਿਚ ਨਹੀਂ ਲਏ ਜਾਂਦੇ (ਤਿਵੇਂ ਹੀ ਖੋਟੇ ਬੰਦੇ ਦਰਗਾਹ ਵਿਚ ਆਦਰ ਨਹੀਂ ਪਾਂਦੇ) ਉਹਨਾਂ ਨੂੰ ਹਰੀ ਦਾ ਗੁਰੂ ਦਾ ਦੀਦਾਰ ਨਹੀਂ ਹੁੰਦਾ।
946	23	ਖੋਟੇ ਜਾਤਿ ਨ ਪਤਿ ਹੈ ਖੋਟਿ ਨ ਸੀਝਸਿ ਕੋਇ॥	(ਸੀਝਸਿ) ਮੁਕਤ	Khottae Jaath N Path Hai Khott N Seejhas Koe ||	The false ones have no social status or honor. No one succeeds through falsehood.	ਖੋਟੇ ਮਨੁੱਖ ਦਾ ਅਸਲਾ ਚੰਗਾ ਨਹੀਂ ਹੁੰਦਾ, ਖੋਟੇ ਨੂੰ ਇੱਜ਼ਤ ਨਹੀਂ ਮਿਲਦੀ। ਖੋਟ ਕਰਨ ਨਾਲ ਕੋਈ ਜੀਵ (ਆਤਮਕ ਜੀਵਨ ਵਿਚ) ਕਾਮਯਾਬ ਨਹੀਂ ਹੋ ਸਕਦਾ।
947	23	ਖੋਟੇ ਖੋਟੁ ਕਮਾਵਣਾ ਆਇ ਗਇਆ ਪਤਿ ਖੋਇ॥੩॥	ਗ-ਇਆ	Khottae Khott Kamaavanaa Aae Gaeiaa Path Khoe ||3||	Practicing falsehood again and again, people come and go in reincarnation, and forfeit their honor. ||3||	ਖੋਟੇ ਮਨੁੱਖ ਨੇ ਸਦਾ ਖੋਟ ਹੀ ਕਮਾਣਾ ਹੈ (ਉਸ ਨੂੰ ਖੋਟ ਕਮਾਣ ਦੀ ਆਦਤ ਪੈ ਜਾਂਦੀ ਹੈ) ਉਹ ਆਪਣੀ ਇੱਜ਼ਤ ਗਵਾ ਕੇ ਸਦਾ ਜੰਮਦਾ ਮਰਦਾ ਰਹਿੰਦਾ ਹੈ ॥੩॥

948	23	ਨਾਨਕ ਮਨੁ ਸਮਝਾਈਐ ਗੁਰ ਕੈ ਸਬਦਿ ਸਾਲਾਹ॥		Naanak Man Samajhaaeeai Gur Kai Sabadh Saalaah ||	O Nanak, instruct your mind through the Word of the Guru's Shabad, and praise the Lord.	ਹੇ ਨਾਨਕ! ਪਰਮਾਤਮਾ ਦੀ ਸਿਫ਼ਤ-ਸਾਲਾਹ ਵਾਲੇ ਗੁਰ-ਸ਼ਬਦ ਦੀ ਰਾਹੀਂ ਆਪਣੇ ਮਨ ਨੂੰ ਸਮਝਾਣਾ ਚਾਹੀਦਾ ਹੈ।
949	23	ਰਾਮ ਨਾਮ ਰੰਗਿ ਰਤਿਆ ਭਾਰੁ ਨ ਭਰਮੁ ਤਿਨਾਹ॥	ਰੱਤਿਆਂ	Raam Naam Rang Rathiaa Bhaar N Bharam Thinaah ||	Those who are imbued with the love of the Name of the Lord are not loaded down by doubt.	ਜੇਹੜੇ ਬੰਦੇ ਪਰਮਾਤਮਾ ਦੇ ਨਾਮ ਦੇ ਪਿਆਰ ਵਿਚ ਰੰਗੇ ਰਹਿੰਦੇ ਹਨ, ਉਹਨਾਂ ਨੂੰ ਖੋਟੇ ਕੰਮਾਂ ਦਾ ਭਾਰ ਸਹਾਰਨਾ ਨਹੀਂ ਪੈਂਦਾ, ਉਹਨਾਂ ਦਾ ਮਨ ਖੋਟੇ ਕੰਮਾਂ ਵੱਲ ਨਹੀਂ ਦੌੜਦਾ।
950	23	ਹਰਿ ਜਪਿ ਲਾਹਾ ਅਗਲਾ ਨਿਰਭਉ ਹਰਿ ਮਨ ਮਾਹ॥੪॥੨੩॥		Har Jap Laahaa Agalaa Nirabho Har Man Maah ||4||23||	Those who chant the Name of the Lord earn great profits; the Fearless Lord abides within their minds. ||4||23||	ਪਰਮਾਤਮਾ ਦਾ ਨਾਮ ਜਪ ਕੇ ਬਹੁਤ ਆਤਮਕ ਲਾਭ ਖੱਟ ਲਈਦਾ ਹੈ, ਅਤੇ ਉਹ ਪ੍ਰਭੂ ਜੋ ਕਿਸੇ ਡਰ ਦੇ ਅਧੀਨ ਨਹੀਂ ਮਨ ਵਿਚ ਆ ਵੱਸਦਾ ਹੈ ॥੪॥੨੩॥
951	23	ਸਿਰੀਰਾਗੁ ਮਹਲਾ ੧ ਘਰੁ ੨॥		Sireeraag Mehalaa 1 Ghar 2 ||	Siree Raag, First Mehl, Second House:	
952	23	ਧਨੁ ਜੋਬਨੁ ਅਰੁ ਫੁਲੜਾ ਨਾਠੀਅੜੇ ਦਿਨ ਚਾਰਿ॥	(ਫੁੱਲੜਾ) ਫੁੱਲ। (ਨਾਠੀਅੜੇ) ਪਰਾਹੁਣੇ	Dhhan Joban Ar Fularraa Naatheearrae Dhin Chaar ||	Wealth, the beauty of youth and flowers are guests for only a few days.	ਧਨ, ਜੁਆਨੀ ਅਤੇ ਨਿੱਕਾ ਜਿਹਾ ਫੁੱਲ-ਇਹ ਚਾਰ ਦਿਨਾਂ ਦੇ ਹੀ ਪਰਾਹੁਣੇ ਹੁੰਦੇ ਹਨ।

953	23	ਪਬਨਿ ਕੇਰੇ ਪਤ ਜਿਉ ਢਲਿ ਢੁਲਿ ਜੁੰਮਣਹਾਰ॥੧॥	(ਪੱਬਣਿ) ਚੁਪੱਤੀ (ਕੇਰੇ) ਦੇ। (ਢਲਿ ਢੁਲਿ) ਸੁੱਕ ਕੁਮਲ੍ਹਾ ਕੇ (ਜੁੰਮਣਹਾਰ) ਨਾਸ਼ ਹੋ ਜਾਂਦੇ ਹਨ। ਪੱਤ	Paban Kaerae Path Jio Dtal Dtul Junmanehaar ||1||	Like the leaves of the water-lily, they wither and fade and finally die. ||1||	ਜਿਵੇਂ ਚੌਪੱਤੀ ਦੇ ਪੱਤਰ (ਪਾਣੀ ਦੇ) ਢਲ ਜਾਣ ਨਾਲ ਸੁੱਕ ਕੇ ਨਾਸ ਹੋ ਜਾਂਦੇ ਹਨ, ਤਿਵੇਂ ਇਹ ਭੀ ਨਾਸ ਹੋ ਜਾਂਦੇ ਹਨ ॥੧॥
954	23	ਰੰਗੁ ਮਾਣਿ ਲੈ ਪਿਆਰਿਆ ਜਾ ਜੋਬਨੁ ਨਉ ਹੁਲਾ॥	(ਨਉ) ਨਵੇਂ। (ਹੁਲਾ) ਹੁਲਾਰੇ ਦਾ	Rang Maan Lai Piaariaa Jaa Joban No Hulaa ||	Be happy, dear beloved, as long as your youth is fresh and delightful.	ਹੇ ਪਿਆਰੇ! ਜਦ ਤਕ ਨਵੀਂ ਜੁਆਨੀ ਹੈ ਤਦ ਤਕ ਆਤਮਕ ਅਨੰਦ ਲੈ ਲੈ;
955	23	ਦਿਨ ਥੋੜੜੇ ਥਕੇ ਭਇਆ ਪੁਰਾਣਾ ਚੋਲਾ॥੧॥ਰਹਾਉ॥	(ਥੱਕੇ) ਰਹਿ ਗਏ। ਚੋਲਾ: ਪੋਲਾ ਬੋਲੋ। (ਚੋਲਾ) ਸਰੀਰ	Dhin Thhorrarae Thhakae Bhaeiaa Puraanaa Cholaa ||1|| Rehaao ||	But your days are few- you have grown weary, and now your body has grown old. ||1||Pause||	ਜਦੋਂ ਉਮਰ ਦੇ ਦਿਨ ਥੋੜੇ ਰਹਿ ਗਏ, ਸਰੀਰਕ ਚੋਲਾ ਪੁਰਾਣਾ ਹੋ ਜਾਇਗਾ (ਫਿਰ ਸਿਮਰਨ ਨਹੀਂ ਹੋ ਸਕੇਗਾ) ॥੧॥ ਰਹਾਉ ॥
956	23	ਸਜਣ ਮੇਰੇ ਰੰਗੁਲੇ ਜਾਇ ਸੁਤੇ ਜੀਰਾਣਿ॥	(ਜੀਰਾਣਿ) ਮਸਾਣ।ਸੁੱਤੇ	Sajan Maerae Rangulae Jaae Suthae Jeeraan ||	My playful friends have gone to sleep in the graveyard.	ਮੇਰੇ ਪਿਆਰੇ ਸੱਜਣ ਕਬਰਿਸਤਾਨ ਵਿਚ ਜਾ ਸੁੱਤੇ ਹਨ,
957	23	ਹੰ ਭੀ ਵੰਞਾ ਡੁਮਣੀ ਰੋਵਾ ਝੀਣੀ ਬਾਣਿ॥੨॥	(ਹੰ) ਮੈਂ। (ਵੰਞਾ) ਜਾਵਾਂਗੀ। (ਡੁਮਣੀ) ਦੁੱਖੀ ਹੋ ਕੇ। (ਝੀਣੀ) ਬ੍ਰੀਕ (ਬਾਣਿ) ਅਵਾਜ਼ ਨਾਲ	Han Bhee Vannjaa Ddumanee Rovaa Jheenee Baan ||2||	In my double-mindedness, I shall have to go as well. I cry in a feeble voice. ||2||	(ਮੈਂ ਉਹਨਾਂ ਦੇ ਵਿਛੋੜੇ ਵਿਚ) ਧੀਮੀ ਆਵਾਜ਼ ਨਾਲ ਰੋ ਰਹੀ ਹਾਂ (ਪਰ ਮੈਨੂੰ ਇਹ ਸਮਝ ਨਹੀਂ ਆ ਰਹੀ ਕਿ) ਮੈਂ ਭੀ ਦੁਚਿੱਤੀ ਹੋ ਕੇ (ਉਧਰ ਨੂੰ ਹੀ) ਚੱਲ ਪਵਾਂਗੀ ॥੨॥
958	23	ਕੀ ਨ ਸੁਣੇਹੀ ਗੋਰੀਏ ਆਪਣ ਕੰਨੀ ਸੋਇ॥	(ਕੀ) ਕਿਉਂ। ਗੁਰਸੇਵਕ ਰੂਪ (ਗੋਰੀਏ) ਇਸਤ੍ਰੀਏ। (ਸੋਇ) ਸੋਭਾ	Kee N Sunaehee Goreeae Aapan Kannee Soe ||	Haven't you heard the call from beyond, O beautiful soul-bride?	ਹੇ ਸੁੰਦਰ ਜੀਵ-ਇਸਤ੍ਰੀ! ਤੂੰ ਧਿਆਨ ਨਾਲ ਇਹ ਖ਼ਬਰ ਕਿਉਂ ਨਹੀਂ ਸੁਣਦੀ?

959	23	ਲਗੀ ਆਵਹਿ ਸਾਹੁਰੈ ਨਿਤ ਨ ਪੇਈਆ ਹੋਇ॥੩॥	ਲਗੀ:ਪੋਲਾ ਬੋਲੋ (ਲਗੀ) ਚੱਲੀ ਆਉਣਾ	Lagee Aavehi Saahurai Nith N Paeeeaa Hoe ||3||	You must go to your in-laws; you cannot stay with your parents forever. ||3||	ਕਿ ਪੇਕਾ-ਘਰ (ਇਸ ਲੋਕ ਦਾ ਵਸੇਬਾ) ਸਦਾ ਨਹੀਂ ਰਹਿ ਸਕਦਾ, ਸਹੁਰੇ ਘਰ (ਪਰਲੋਕ ਵਿਚ) ਜ਼ਰੂਰ ਜਾਣਾ ਪਵੇਗਾ ॥੩॥
960	23	ਨਾਨਕ ਸੁਤੀ ਪੇਈਐ ਜਾਣੁ ਵਿਰਤੀ ਸੰਨਿ॥	(ਵਿ-ਰੱਤੀ) ਦਿਨੇ, (ਸੰਨ੍ਹਿ) ਪਾੜ ਲਾ ਕੇ। ਸੁੱਤੀ	Naanak Suthee Paeeeai Jaan Virathee Sann ||	O Nanak, know that she who sleeps in her parents' home is plundered in broad daylight.	ਹੇ ਨਾਨਕ! ਜੇਹੜੀ ਜੀਵ-ਇਸਤ੍ਰੀ ਪੇਕੇ ਘਰ (ਇਸ ਲੋਕ ਵਿਚ ਗ਼ਫ਼ਲਤ ਦੀ ਨੀਂਦ ਵਿਚ) ਸੁੱਤੀ ਰਹੀ, ਇਉਂ ਜਾਣੋ ਕਿ (ਉਸ ਦੇ ਗੁਣਾਂ ਨੂੰ) ਦਿਨ-ਦਿਹਾੜੇ ਹੀ ਸੰਨ੍ਹ ਲੱਗੀ ਰਹੀ।
961	23	ਗੁਣਾ ਗਵਾਈ ਗੰਠੜੀ ਅਵਗਣ ਚਲੀ ਬੰਨਿ॥੪॥੨੪॥	ਬੰਨ੍ਹਿ	Gunaa Gavaaee Gantharree Avagan Chalee Bann ||4||24||	She has lost her bouquet of merits; gathering one of demerits, she departs. ||4||24||	ਉਸ ਨੇ ਗੁਣਾਂ ਦੀ ਗੰਢੜੀ ਗਵਾ ਲਈ, ਉਹ (ਇਥੋਂ) ਔਗੁਣਾਂ ਦੀ ਪੰਡ ਬੰਨ੍ਹ ਕੇ ਲੈ ਤੁਰੀ ॥੪॥੨੪॥
962	23	ਸਿਰੀਰਾਗੁ ਮਹਲਾ ੧ ਘਰੁ ਦੂਜਾ ੨॥	ਅੱਖਰ ਦੂਜਾ ਮਗਰੋਂ, ੨ ਨਹੀਂ ਉਚਾਰਨਾ	Sireeraag Mehalaa 1 Ghar Dhoojaa 2 ||	Siree Raag, First Mehl, Second House:	
963	23	ਆਪੇ ਰਸੀਆ ਆਪਿ ਰਸੁ ਆਪੇ ਰਾਵਣਹਾਰੁ॥	ਰਸੀਆ ਰਸ: ਪੋਲੇ ਬੋਲੋ। (ਰਾਵਣਹਾਰੁ) ਭੋਗਣ ਵਾਲੇ	Aapae Raseeaa Aap Ras Aapae Raavanehaar ||	He Himself is the Enjoyer, and He Himself is the Enjoyment. He Himself is the Ravisher of all.	ਪ੍ਰਭੂ ਆਪ ਹੀ ਰਸ-ਭਰਿਆ ਪਦਾਰਥ ਹੈ, ਆਪ ਹੀ (ਉਸ ਵਿਚ) ਰਸ ਹੈ, ਆਪ ਹੀ ਉਸ ਸਵਾਦ ਨੂੰ ਮਾਣਨ ਵਾਲਾ ਹੈ।

964	23	ਆਪੇ ਹੋਵੈ ਚੋਲੜਾ ਆਪੇ ਸੇਜ ਭਤਾਰੁ॥੧॥	ਜਗਿਆਸੂ ਰੂਪ (ਚੋਲੜਾ) ਇਸਤ੍ਰੀ, ਅੰਤਹਕਰਨ ਰੂਪੀ ਸੇਜ ਤੇ ਆਉਣ ਵਾਲੇ (ਭਤਾਰੁ)ਪ੍ਰਭ ਆਪ ਜੀ ਹੀ ਹਨ।ਚੋਲੜਾ: ਪੋਲਾ ਬੋਲੋ	Aapae Hovai Cholarraa Aapae Saej Bhathaar ||1||	He Himself is the Bride in her dress, He Himself is the Bridegroom on the bed. ||1||	ਪ੍ਰਭੂ ਆਪ ਹੀ ਇਸਤ੍ਰੀ ਬਣਦਾ ਹੈ, ਆਪ ਹੀ ਸੇਜ, ਤੇ ਆਪ ਹੀ (ਮਾਣਨ ਵਾਲਾ) ਖਸਮ ਹੈ ॥੧॥
965	23	ਰੰਗਿ ਰਤਾ ਮੇਰਾ ਸਾਹਿਬੁ ਰਵਿ ਰਹਿਆ ਭਰਪੂਰਿ॥੧॥ਰਹਾਉ॥	(ਰਵਿ) ਵਿਆਪਕ	Rang Rathaa Maeraa Saahib Rav Rehiaa Bharapoor ||1|| Rehaao ||	My Lord and Master is imbued with love; He is totally permeating and pervading all. ||1||Pause||	ਮੇਰਾ ਮਾਲਕ-ਪ੍ਰਭੂ ਪਿਆਰ ਵਿਚ ਰੰਗਿਆ ਹੋਇਆ ਹੈ, ਉਹ (ਸਾਰੀ ਸ੍ਰਿਸ਼ਟੀ ਵਿਚ) ਪੂਰਨ ਤੌਰ ਤੇ ਵਿਆਪਕ ਹੈ॥੧॥ਰਹਾਉ॥
966	23	ਆਪੇ ਮਾਛੀ ਮਛੁਲੀ ਆਪੇ ਪਾਣੀ ਜਾਲੁ॥	ਆਪੇ (ਮਾਛੀ) ਪ੍ਰਭ ਜੀ (ਮੱਛੀ) ਦਾਸਨਦਾਸੀ ਨੂੰ ਗੁਰਸਿੱਖੀ ਰੂਪੀ ਪਾਣੀ ਚ ਰੱਖ ਕੇ ਪ੍ਰੇਮ ਰੂਪੀ ਜਾਲੁ ਪਾਉਣ ਵਾਲੇ ਆਪੇ ਹੀ ਹਨ	Aapae Maashhee Mashhulee Aapae Paanee Jaal ||	He Himself is the fisherman and the fish; He Himself is the water and the net.	ਪ੍ਰਭੂ ਆਪ ਹੀ ਮੱਛੀਆਂ ਫੜਨ ਵਾਲਾ ਹੈ, ਆਪ ਹੀ ਮੱਛੀ ਹੈ, ਆਪ ਹੀ ਪਾਣੀ ਹੈ (ਜਿਸ ਵਿਚ ਮੱਛੀ ਰਹਿੰਦੀ ਹੈ) ਆਪ ਹੀ ਜਾਲ ਹੈ (ਜਿਸ ਵਿਚ ਮੱਛੀ ਫੜੀਦੀ ਹੈ)।
967	23	ਆਪੇ ਜਾਲ ਮਣਕੜਾ ਆਪੇ ਅੰਦਰਿ ਲਾਲੁ॥੨॥	ਜਾਲ ਨੂੰ ਡੁਬੋਣ ਲਈ ਨਾਲ ਬੰਨੇ ਲੋਹੇ ਦੇ (ਮਣ-ਕੜਾ) ਮਣਕੇ	Aapae Jaal Manakarraa Aapae Andhar Laal ||2||	He Himself is the sinker, and He Himself is the bait. ||2||	ਪ੍ਰਭੂ ਹੀ ਉਸ ਜਾਲ ਦੇ ਮਣਕੇ ਹੈ, ਆਪ ਹੀ ਉਸ ਜਾਲ ਵਿਚ ਮਾਸ ਦੀ ਬੋਟੀ ਹੈ (ਜੋ ਮੱਛੀ ਨੂੰ ਜਾਲ ਵੱਲ ਪ੍ਰੇਰਦੀ ਹੈ) ॥੨॥

968	23	ਆਪੇ ਬਹੁ ਬਿਧਿ ਰੰਗੁਲਾ ਸਖੀਏ ਮੇਰਾ ਲਾਲੁ॥	ਬਿਧਿ: ਪੋਲਾ ਬੋਲੋ	Aapae Bahu Bidhh Rangulaa Sakheeeae Maeraa Laal ||	He Himself loves in so many ways. O sister soul-brides, He is my Beloved.	ਹੇ ਸਹੇਲੀਏ! ਮੇਰਾ ਪਿਆਰਾ ਪ੍ਰਭੂ ਆਪ ਹੀ ਕਈ ਤਰੀਕਿਆਂ ਨਾਲ ਚੋਜ ਤਮਾਸ਼ੇ ਕਰਨ ਵਾਲਾ ਹੈ।
969	23	ਨਿਤ ਰਵੈ ਸੋਹਾਗਣੀ ਦੇਖੁ ਹਮਾਰਾ ਹਾਲੁ॥੩॥	(ਰਵੈ) ਜਪਦੀਆਂ	Nith Ravai Sohaaganee Dhaekh Hamaaraa Haal ||3||	He continually ravishes and enjoys the happy soul-brides; just look at the plight I am in without Him! ||3||	ਭਾਗਾਂ ਵਾਲੀਆਂ ਜੀਵ-ਇਸਤ੍ਰੀਆਂ ਨੂੰ ਉਹ ਖਸਮ ਪ੍ਰਭੂ ਸਦਾ ਮਿਲਦਾ ਹੈ, ਪਰ ਮੇਰੇ ਵਰਗੀਆਂ ਦਾ ਹਾਲ ਵੇਖ (ਕਿ ਸਾਨੂੰ ਕਦੇ ਦੀਦਾਰ ਨਹੀਂ ਹੁੰਦਾ) ॥੩॥
970	23	ਪ੍ਰਣਵੈ ਨਾਨਕੁ ਬੇਨਤੀ ਤੂ ਸਰਵਰੁ ਤੂ ਹੰਸੁ॥	(ਪ੍ਰਣਵੈ) ਸਤਿਕਾਰ ਨਾਲ। (ਸਰਵਰੁ) ਮਾਨ ਸਰੋਵਰ	Pranavai Naanak Baenathee Thoo Saravar Thoo Hans ||	Prays Nanak, please hear my prayer: You are the pool, and You are the soul-swan.	ਹੇ ਪ੍ਰਭੂ! ਨਾਨਕ (ਤੇਰੇ ਦਰ ਤੇ) ਅਰਦਾਸ ਕਰਦਾ ਹੈ (ਤੂੰ ਹਰ ਥਾਂ ਮੌਜੂਦ ਹੈਂ, ਮੈਨੂੰ ਵੀ ਦੀਦਾਰ ਦੇਹ) ਤੂੰ ਹੀ ਸਰੋਵਰ ਹੈਂ, ਤੂੰ ਹੀ ਸਰੋਵਰ ਤੇ ਰਹਿਣ ਵਾਲਾ ਹੰਸ ਹੈਂ।
971	23	ਕਉਲੁ ਤੂਹੈ ਕਵੀਆ ਤੂਹੈ ਆਪੇ ਵੇਖਿ ਵਿਗਸੁ॥੪॥੨੫॥	(ਕਉਲੁ) ਕਮਲ ਦਾ ਫੁੱਲ। (ਕਵੀਆ) ਰਾਤ ਨੂੰ ਖਿੜਨ ਵਾਲਾ ਫੁੱਲ। (ਵਿ-ਗੱਸੁ) ਖੁਸ਼ ਹੋਣਾ	Koul Thoo Hai Kaveeaa Thoo Hai Aapae Vaekh Vigas ||4||25||	You are the lotus flower of the day and You are the water-lily of the night. You Yourself behold them, and blossom forth in bliss. ||4||25||	ਸੂਰਜ ਦੀ ਰੌਸ਼ਨੀ ਵਿਚ ਖਿੜਨ ਵਾਲਾ ਕੌਲ ਫੁੱਲ ਭੀ ਤੂੰ ਹੀ ਹੈਂ ਤੇ ਚੰਦ ਦੇ ਚਾਨਣ ਵਿਚ ਖਿੜਨ ਵਾਲੀ ਕੰਮੀ ਭੀ ਤੂੰ ਹੀ ਹੈਂ (ਆਪਣੇ ਜਮਾਲ ਨੂੰ ਤੇ ਆਪਣੇ ਜਲਾਲ ਨੂੰ) ਵੇਖ ਕੇ ਤੂੰ ਆਪ ਹੀ ਖ਼ੁਸ਼ ਹੋਣ ਵਾਲਾ ਹੈਂ ॥੪॥੨੫॥
972	23	ਸਿਰੀਰਾਗੁ ਮਹਲਾ ੧ ਘਰੁ ੩॥		Sireeraag Mehalaa 1 Ghar 3 ||	Siree Raag, First Mehl, Third House:	

973	23	ਇਹੁ ਤਨੁ ਧਰਤੀ ਬੀਜੁ ਕਰਮਾ ਕਰੋ ਸਲਿਲ ਆ ਪਾਉ ਸਾਰਿੰਗਪਾਣੀ॥	(ਸਾਰਿੰਗ-ਪਾਣੀ) ਨਾਮ ਜਪਣ ਰੂਪ ਪਾਣੀ। (ਆ) ਸਭ ਪਾਸਿਆਂ ਤੋਂ (ਪਾਉ) ਪਾਉਣਾ ਕਰੋ। (ਸ-ਲਿਲ) ਪਾਣੀ। (ਸਾਰਿੰਗਪਾਣੀ) ਪ੍ਰਮਾਤਮਾ। (ਦੂਜਾ ਪਾਠ: ਆਪਾਉ)	Eihu Than Dhharathee Beej Karamaa Karo Salil Aapaao Saaringapaanee ||	Make this body the field, and plant the seed of good actions. Water it with the Name of the Lord, who holds all the world in His Hands.	(ਹੇ ਭਾਈ!) ਇਸ ਸਰੀਰ ਨੂੰ ਧਰਤੀ ਬਣਾ, ਆਪਣੇ (ਰੋਜ਼ਾਨਾ) ਕਰਮਾਂ ਨੂੰ ਬੀਜ ਬਣਾ, ਪਰਮਾਤਮਾ ਦੇ ਨਾਮ ਦੇ ਪਾਣੀ ਦਾ (ਇਸ ਭੁਇਂ) ਵਿਚ ਸਿੰਚਨ ਕਰ।
974	23	ਮਨੁ ਕਿਰਸਾਣੁ ਹਰਿ ਰਿਦੈ ਜੰਮਾਇ ਲੈ ਇਉ ਪਾਵਸਿ ਪਦੁ ਨਿਰਬਾਣੀ॥੧॥	(ਨਿਰਬਾਣੀ) ਦੁੱਖਾਂ ਤੋਂ ਰਹਿਤ	Man Kirasaan Har Ridhai Janmaae Lai Eio Paavas Padh Nirabaanee ||1||	Let your mind be the farmer; the Lord shall sprout in your heart, and you shall attain the state of Nirvaanaa. ||1||	ਆਪਣੇ ਮਨ ਨੂੰ ਕਿਸਾਨ ਬਣਾ, ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਉਗਾ। ਇਸ ਤਰ੍ਹਾਂ (ਹੇ ਭਾਈ!) ਉਹ ਆਤਮਕ ਅਵਸਥਾ ਹਾਸਲ ਕਰ ਲਏਂਗਾ ਜਿਥੇ ਕੋਈ ਵਾਸ਼ਨਾ ਪੋਹ ਨਹੀਂ ਸਕਦੀ ॥੧॥
975	23	ਕਾਹੇ ਗਰਬਸਿ ਮੂੜੇ ਮਾਇਆ॥	(ਗਰਬਸਿ) ਹੰਕਾਰ ਕਰਦਾ ਹੈਂ (ਮੂੜੇ) ਮੂਰਖਾ	Kaahae Garabas Moorrae Maaeiaa ||	You fool! Why are you so proud of Maya?	ਹੇ ਮੂਰਖ! ਮਾਇਆ ਦਾ ਕਿਉਂ ਮਾਣ ਕਰਦਾ ਹੈਂ?

976	23	ਪਿਤ ਸੁਤੋ ਸਗਲ ਕਾਲਤ੍ਰ ਮਾਤਾ ਤੇਰੇ ਹੋਹਿ ਨ ਅੰਤਿ ਸਖਾਇਆ॥ਰਹਾਉ॥	(ਸਖਾਇਆ) ਸਹਾਇਕ।ਕਾ-ਲੱਤ੍ਰ	Pith Sutho Sagal Kaalathr Maathaa Thaerae Hohi N Anth Sakhaaeiaa || Rehaao ||	Father, children, spouse, mother and all relatives-they shall not be your helpers in the end. ||Pause||	ਪਿਤਾ, ਪੁੱਤਰ, ਇਸਤ੍ਰੀ, ਮਾਂ-ਇਹ ਸਾਰੇ ਅੰਤ ਵੇਲੇ ਤੇਰੇ ਸਹਾਈ ਨਹੀਂ ਬਣ ਸਕਦੇ।ਰਹਾਉ।
977	23	ਬਿਖੈ ਬਿਕਾਰ ਦੁਸਟ ਕਿਰਖਾ ਕਰੇ ਇਨ ਤਜਿ ਆਤਮੈ ਹੋਇ ਧਿਆਈ॥	(ਕਿਰ-ਖਾ) ਕੱਟਣਾ ਕਰੇ, ਦੁਸ਼ਟ ਵਿਕਾਰ ਔਗੁਣਾਂ ਨੂੰ। (ਆਤਮੈ) ਪ੍ਰਮਾਤਮਾ	Bikhai Bikaar Dhusatt Kirakhaa Karae Ein Thaj Aathamai Hoe Dhhiaaee ||	So weed out evil, wickedness and corruption; leave these behind, and let your soul meditate on God.	ਜੇਹੜਾ ਮਨੁੱਖ ਚੰਦਰੇ ਵਿਸ਼ੇ-ਵਿਕਾਰਾਂ ਨੂੰ ਹਿਰਦਾ-ਭੁਇਂ ਵਿਚੋਂ ਇਉਂ ਪੁੱਟ ਦੇਂਦਾ ਹੈ ਜਿਵੇਂ ਖੇਤੀ ਵਿਚੋਂ ਨਦੀਨ, ਇਹਨਾਂ ਵਿਕਾਰਾਂ ਦਾ ਤਿਆਗ ਕਰ ਕੇ ਜੋ ਮਨੁੱਖ ਆਪਣੇ ਅੰਦਰ ਇਕ-ਚਿੱਤ ਹੋ ਕੇ ਪ੍ਰਭੂ ਨੂੰ ਸਿਮਰਦਾ ਹੈ,
978	23	ਜਪੁ ਤਪੁ ਸੰਜਮੁ ਹੋਹਿ ਜਬ ਰਾਖੇ ਕਮਲੁ ਬਿਗਸੈ ਮਧੁ ਆਸ੍ਰਮਾਈ॥੨॥	ਰਿਦੇ ਚੋਂ (ਮਧੁ) ਅੰਮ੍ਰਿਤ। (ਆਸ੍ਰਮਾਈ) ਸ੍ਰਵ ਨਿਕਲ ਆਉਂਦਾਹੈ	Jap Thap Sanjam Hohi Jab Raakhae Kamal Bigasai Madhh Aasramaaee ||2||	When chanting, austere meditation and self-discipline become your protectors, then the lotus blossoms forth, and the honey trickles out. ||2||	ਜਦੋਂ ਜਪ ਤਪ ਤੇ ਸੰਜਮ (ਉਸ ਦੇ ਆਤਮਕ ਜੀਵਨ ਦੇ) ਰਾਖੇ ਬਣਦੇ ਹਨ, ਤਾਂ ਉਸ ਦਾ ਹਿਰਦਾ-ਕੌਲ ਖਿੜ ਪੈਂਦਾ ਹੈ, ਉਸ ਦੇ ਅੰਦਰ ਆਤਮਕ ਆਨੰਦ ਦਾ ਰਸ (ਮਾਨੋਂ) ਸਿੰਮਦਾ ਹੈ ॥੨॥

979	23	ਬੀਸ ਸਪਤਾ ਹਰੋ ਬਾਸਰੋ ਸੰਗ੍ਰਹੈ ਤੀਨਿ ਖੋੜਾ ਨਿਤ ਕਾਲੁ ਸਾਰੈ॥	(ਬੀਸ) ਪੰਜ ਗਿਆਨ ਇੰਦ੍ਰੇ, ਪੰਜ ਕਰਮ ਇੰਦ੍ਰੇ, ਸ੍ਰੀਰਕ ਬਲ, ਬੁੱਧੀ ਵਿੱਦਿਆ ਭਰਾਵਾਂ ਮਿੱਤ੍ਰਾਂ ਧਨ ਜ਼ਮੀਨ ਪੁੱਤਾਂ ਇਸਤ੍ਰੀ, ਦੇਸ਼ ਜ਼ਾਤੀ ਕੁਲ ਉੱਚੇ ਔਹਦੇ ਘਰ ਅਸਵਾਰੀ ਹੁਸਨ, ਦਾਸਨ ਦਾਸਪੁਣੇ ਦਾ ਹੰਕਾਰ (ਹਰੋ) ਮੇਟੋ। ਗਿਆਨ ਰੂਪੀ (ਬਾਸਰੋ) ਦਿਨ। (ਸੰਗ੍ਰਹੈ) ਇਕੱਤ੍ਰ ਕਰੋ। ਨਸ਼ੇ ਵਿਕਾਰ ਪਾਪ ਰੂਪ ਤਿੰਨ (ਖੋੜਾ) ਖੁੱਡਾਂ ਚ ਡਿੱਗਣੇ ਕਰਕੇ। ਕਾਲੁ (ਸਾਰੈ) ਸਾੜਦਾ ਹੈ	Bees Sapathaaharo Baasaro Sangrehai Theen Khorraa Nith Kaal Saarai ||	Bring the twenty-seven elements of the body under your control, and throughout the three stages of life, remember death.	ਜੇ ਮਨੁੱਖ ਸਤਾਈ ਹੀ ਨਛੱਤ੍ਰਾਂ ਵਿਚ (ਭਾਵ) ਹਰ ਰੋਜ਼ (ਪ੍ਰਭੂ ਦਾ ਨਾਮ-ਧਨ) ਇਕੱਠਾ ਕਰਦਾ ਰਹੇ, ਜੇ ਮਨੁੱਖ ਆਪਣੀ ਉਮਰ ਦੀਆਂ ਤਿੰਨਾਂ ਹੀ ਅਵਸਥਾ (ਬਾਲਪਨ, ਜੁਆਨੀ, ਬੁਢੇਪੇ) ਵਿਚ ਮੌਤ ਨੂੰ ਚੇਤੇ ਰੱਖੇ,
980	23	ਦਸ ਅਠਾਰ ਮੈ ਅਪਰੰਪਰੋ ਚੀਨੈ ਕਹੈ ਨਾਨਕੁ ਇਵ ਏਕੁ ਤਾਰੈ॥੩॥੨੬॥	(ਅਪ-ਰੰਪਰੋ) ਪ੍ਰਮਾਤਮਾ। ਦਸ: ਪੋਲਾ ਬੋਲੋ	Dhas Athaar Mai Aparanparo Cheenai Kehai Naanak Eiv Eaek Thaarai ||3||26||	See the Infinite Lord in the ten directions, and in all the variety of nature. Says Nanak, in this way, the One Lord shall carry you across. ||3||26||	ਜੇ ਚਾਰ ਵੇਦਾਂ ਛੇ ਸ਼ਾਸਤ੍ਰਾਂ ਅਤੇ ਅਠਾਰਾਂ ਪੁਰਾਣ (ਆਦਿਕ ਸਾਰੀਆਂ ਧਰਮ-ਪੁਸਤਕਾਂ) ਵਿਚ ਪਰਮਾਤਮਾ (ਦੇ ਨਾਮ) ਨੂੰ ਹੀ ਖੋਜੇ ਤਾਂ ਹੇ ਨਾਨਕ! ਇਸ ਤਰ੍ਹਾਂ ਪਰਮਾਤਮਾ ਉਸ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੩॥੨੬॥

981	24	ਸਿਰੀਰਾਗੁ ਮਹਲਾ ੧ ਘਰੁ ੩॥		Sireeraag Mehalaa 1 Ghar 3 ||	Siree Raag, First Mehl, Third House:	
982	24	ਅਮਲੁ ਕਰਿ ਧਰਤੀ ਬੀਜੁ ਸਬਦੋ ਕਰਿ ਸਚ ਕੀ ਆਬ ਨਿਤ ਦੇਹਿ ਪਾਣੀ॥	(ਆਬ) ਸਲ੍ਾਬ। ਅਮਲੁ: ਪੋਲਾ ਬੋਲੋ	Amal Kar Dhharathee Beej Sabadho Kar Sach Kee Aab Nith Dhaehi Paanee ||	Make good deeds the soil, and let the Word of the Shabad be the seed; irrigate it continually with the water of Truth.	(ਹੇ ਕਾਜ਼ੀ!) ਆਪਣੇ (ਰੋਜ਼ਾਨਾ) ਹਰੇਕ ਕਰਮ ਨੂੰ ਭੁਇੰ ਬਣਾ, (ਇਸ ਕਰਮ-ਭੁਇੰ ਵਿਚ) ਗੁਰੂ ਦਾ ਸ਼ਬਦ ਬੀ ਪਾ, ਸਿਮਰਨ ਤੋਂ ਪੈਦਾ ਹੋਣ ਵਾਲੀ ਆਤਮਕ ਸੁੰਦਰਤਾ ਦਾ ਪਾਣੀ (ਉਸ ਅਮਲ ਭੁਇੰ ਵਿਚ) ਸਦਾ ਦੇਂਦਾ ਰਹੁ।
983	24	ਹੋਇ ਕਿਰਸਾਣੁ ਈਮਾਨੁ ਜੰਮਾਇ ਲੈ ਭਿਸਤੁ ਦੋਜਕੁ ਮੂੜੇ ਏਵ ਜਾਣੀ॥੧॥	(ਈਮਾਨੁ) ਧਰਮ। ਭਿਸਤੁ: ਪੋਲਾ ਬੋਲੋ ।(ਭਿਸਤੁ) ਸੁਰਗ। (ਦੋਜਕੁ) ਨਰਕ	Hoe Kirasaan Eemaan Janmaae Lai Bhisath Dhojak Moorrae Eaev Jaanee ||1||	Become such a farmer, and faith will sprout. This brings knowledge of heaven and hell, you fool! ||1||	ਕਿਸਾਨ (ਵਰਗਾ ਉੱਦਮੀ) ਬਣ, (ਤੇਰੀ ਇਸ ਕਿਰਸਾਣੀ ਵਿਚ) ਸਰਧਾ (ਦੀ ਖੇਤੀ) ਉੱਗੇਗੀ। ਹੇ ਮੂਰਖ! ਸਿਰਫ਼ ਇਸ ਤਰੀਕੇ ਨਾਲ ਸਮਝ ਆਵੇਗੀ ਕਿ ਬਹਿਸ਼ਤ ਕੀਹ ਹੈ ਤੇ ਦੋਜ਼ਖ਼ ਕੀ ਹੈ ॥੧॥
984	24	ਮਤੁ ਜਾਣ ਸਹਿ ਗਲੀ ਪਾਇਆ॥	ਗੱਲੀਂ	Math Jaan Sehi Galee Paaeiaa ||	Do not think that your Husband Lord can be obtained by mere words.	(ਹੇ ਕਾਜ਼ੀ!) ਇਹ ਨ ਸਮਝੀਂ ਕਿ ਨਿਰੀਆਂ ਗੱਲਾਂ ਨਾਲ ਹੀ (ਰੱਬ) ਮਿਲ ਪੈਂਦਾ ਹੈ।

985	24	ਮਾਲ ਕੈ ਮਾਨੈ ਰੂਪ ਕੀ ਸੋਭਾ ਇਤੁ ਬਿਧੀ ਜਨਮੁ ਗਵਾਇਆ॥੧॥ਰਹਾਉ॥	ਇਤੁ, ਬਿਧੀ: ਪੋਲੇ ਬੋਲੋ	Maal Kai Maanai Roop Kee Sobhaa Eith Bidhhee Janam Gavaaeiaa ||1|| Rehaao ||	You are wasting this life in the pride of wealth and the splendor of beauty. ||1||Pause||	ਜੇ (ਬੇਈਮਾਨੀਆਂ ਕਰ ਕੇ ਇਕੱਠੇ ਕੀਤੇ ਹੋਏ) ਧਨ ਦੇ ਅਹੰਕਾਰ ਵਿਚ ਟਿਕੇ ਰਹੇ, ਜੇ (ਕਾਮਾਤੁਰ ਹੋ ਕੇ) ਰੂਪ ਦੀ ਸੋਭਾ ਵਿਚ (ਮਨ ਜੁੜਿਆ ਰਿਹਾ) ਤਾਂ (ਬਾਹਰੋਂ ਮਜ਼ਹਬ ਦੀਆਂ ਗੱਲਾਂ ਕੁਝ ਨਹੀਂ ਸਵਾਰ ਸਕਦੀਆਂ) ਇਸ ਤਰ੍ਹਾਂ ਮਨੁੱਖਾ ਜਨਮ ਅਜਾਈਂ ਚਲਾ ਜਾਂਦਾ ਹੈ ॥੧॥ ਰਹਾਉ ॥
986	24	ਐਬ ਤਨਿ ਚਿਕੜੋ ਇਹੁ ਮਨੁ ਮੀਡਕੋ ਕਮਲ ਕੀ ਸਾਰ ਨਹੀ ਮੂਲਿ ਪਾਈ॥	(ਐਬ) ਗੁਨਾਹ। (ਮੀਡਕੋ) ਡੱਡੂ	Aib Than Chikarro Eihu Man Meeddako Kamal Kee Saar Nehee Mool Paaee ||	The defect of the body which leads to sin is the mud puddle, and this mind is the frog, which does not appreciate the lotus flower at all.	(ਜਦ ਤਕ) ਸਰੀਰ ਦੇ ਅੰਦਰ ਵਿਕਾਰਾਂ ਦਾ ਚਿੱਕੜ ਹੈ, ਤੇ ਇਹ ਮਨ (ਉਸ ਚਿੱਕੜ ਵਿਚ) ਡੱਡੂ (ਬਣ ਕੇ ਰਹਿੰਦਾ) ਹੈ, (ਚਿੱਕੜ ਵਿਚ ਉੱਗੇ ਹੋਏ) ਕੌਲ ਫੁੱਲ ਦੀ ਕਦਰ (ਇਸ ਡੱਡੂ-ਮਨ) ਨੂੰ ਨਹੀਂ ਪੈ ਸਕਦੀ (ਹਿਰਦੇ ਵਿਚ ਵੱਸਦੇ ਪ੍ਰਭੂ ਦੀ ਸੂਝ ਨਹੀਂ ਆ ਸਕਦੀ)।

987	24	ਭਉਰੁ ਉਸਤਾਦੁ ਨਿਤ ਭਾਖਿਆ ਬੋਲੇ ਕਿਉ ਬੂਝੈ ਜਾ ਨਹ ਬੁਝਾਈ॥੨॥	(ਭਉਰੁ) ਭੌਰਾ ਰੂਪੀ (ਉਸਤਾਦੁ) ਪੂਰਨ ਗੁਰੂ ਜੀ। (ਬੂੱਝੈ) ਬੁੱਝਾਈ	Bhour Ousathaadh Nith Bhaakhiaa Bolae Kio Boojhai Jaa Neh Bujhaaee ||2||	The bumble bee is the teacher who continually teaches the lesson. But how can one understand, unless one is made to understand? ||2||	(ਭੌਰਾ ਆ ਕੇ ਕੌਲ ਫੁੱਲ ਉਤੇ ਗੁੰਜਾਰ ਪਾਂਦਾ ਹੈ, ਪਰ ਕੌਲ ਫੁੱਲ ਦੇ ਪਾਸ ਹੀ ਚਿੱਕੜ ਵਿਚ ਮਸਤ ਡੱਡੂ ਫੁੱਲ ਦੀ ਕਦਰ ਨਹੀਂ ਜਾਣਦਾ) ਗੁਰੂ-ਭੌਰਾ ਸਦਾ (ਹਰੀ-ਸਿਮਰਨ ਦਾ) ਉਪਦੇਸ਼ ਕਰਦਾ ਹੈ, ਪਰ ਇਹ ਡੱਡੂ-ਮਨ ਉਸ ਉਪਦੇਸ਼ ਨੂੰ ਨਹੀਂ ਸਮਝਦਾ, ਇਸ ਨੂੰ ਅਜੇਹੀ ਸਮਝ ਹੀ ਨਹੀਂ ਹੈ ॥੨॥
988	24	ਆਖਣੁ ਸੁਨਣਾ ਪਉਣ ਕੀ ਬਾਣੀ ਇਹੁ ਮਨੁ ਰਤਾ ਮਾਇਆ॥		Aakhan Sunanaa Poun Kee Baanee Eihu Man Rathaa Maaeiaa ||	This speaking and listening is like the song of the wind, for those whose minds are colored by the love of Maya.	(ਹੇ ਕਾਜ਼ੀ! ਜਦ ਤਕ) ਇਹ ਮਨ ਮਾਇਆ ਦੇ ਰੰਗ ਵਿਚ ਹੀ ਰੰਗਿਆ ਹੋਇਆ ਹੈ (ਮਜ਼ਹਬੀ ਕਿਤਾਬ ਦੇ ਮਸਲੇ) ਸੁਣਨੇ ਸੁਣਾਣੇ ਬੇ-ਅਸਰ ਹਨ।
989	24	ਖਸਮ ਕੀ ਨਦਰਿ ਦਿਲਹਿ ਪਸਿੰਦੇ ਜਿਨੀ ਕਰਿ ਏਕੁ ਧਿਆਇਆ॥੩॥	(ਪ-ਸਿੰਦੇ) ਪਸੰਦ	Khasam Kee Nadhar Dhilehi Pasindhae Jinee Kar Eaek Dhhiaaeiaa ||3||	The Grace of the Master is bestowed upon those who meditate on Him alone. They are pleasing to His Heart. ||3||	ਉਹੀ ਬੰਦੇ ਮਾਲਕ-ਰੱਬ ਦੀ ਮਿਹਰ ਦੀ ਨਜ਼ਰ ਵਿਚ ਹਨ, ਉਹੀ ਬੰਦੇ ਉਸ ਦੇ ਦਿਲ ਵਿਚ ਪਿਆਰੇ ਹਨ, ਜਿਨ੍ਹਾਂ ਨੇ ਪੂਰੀ ਸਰਧਾ ਨਾਲ ਉਸ ਨੂੰ ਸਿਮਰਿਆ ਹੈ ॥੩॥

990	24	ਤੀਹ ਕਰਿ ਰਖੇ ਪੰਜ ਕਰਿ ਸਾਥੀ ਨਾਉ ਸੈਤਾਨੁ ਮਤੁ ਕਟਿ ਜਾਈ॥	ਰੱਖੇ, ਕੱਟਿ	Theeh Kar Rakhae Panj Kar Saathhee Naao Saithaan Math Katt Jaaee ||	You may observe the thirty fasts, and say the five prayers each day, but 'Satan' can undo them.	(ਹੇ ਕਾਜ਼ੀ!) ਤੂੰ ਤੀਹ ਰੋਜ਼ੇ ਗਿਣ ਕੇ ਰੱਖਦਾ ਹੈਂ, ਪੰਜ ਨਿਮਾਜ਼ਾਂ ਨੂੰ ਸਾਥੀ ਬਣਾਂਦਾ ਹੈਂ (ਪਰ ਇਹ ਸਭ ਕੁਝ ਵਿਖਾਵੇ ਦੀ ਖ਼ਾਤਰ ਕਰਦਾ ਹੈਂ, (ਕਿ ਮੈਨੂੰ ਕੋਈ ਸ਼ੈਤਾਨ (ਮਾੜਾ ਬੰਦਾ) ਨਾ ਆਖੇ) (ਸ਼ਾਇਦ ਇਸ ਤਰੀਕੇ ਨਾਲ ਲੋਕ ਮੈਨੂੰ ਚੰਗਾ ਮੁਸਲਮਾਨ ਆਖਣ ਲੱਗ ਪੈਣ।)
991	24	ਨਾਨਕੁ ਆਖੈ ਰਾਹਿ ਪੈ ਚਲਣਾ ਮਾਲੁ ਧਨੁ ਕਿਤਕੂ ਸੰਜਿਆਹੀ॥੪॥੨੭॥	(ਸੰਜਿਆਹੀ) ਇਕੱਤ੍ਰ ਕਰਨਾ। ਸੰਜਿਆਹੀ: ਜੱਜਾ ਜ਼ੋਰ ਦੀ ਬੋਲੋ।ਚੱਲਣਾ, ਕਿਤ-ਕੂ	Naanak Aakhai Raahi Pai Chalanaa Maal Dhhan Kith Koo Sanjiaahee ||4||27||	Says Nanak, you will have to walk on the Path of Death, so why do you bother to collect wealth and property? ||4||27||	ਪਰ, ਨਾਨਕ ਆਖਦਾ ਹੈ- (ਹੇ ਕਾਜ਼ੀ!) ਜੀਵਨ ਦੇ ਸਹੀ ਰਸਤੇ ਉਤੇ ਤੁਰਨਾ ਚਾਹੀਦਾ ਹੈ, ਤੂੰ (ਠੱਗੀ ਫਰੇਬ ਕਰ ਕੇ) ਮਾਲ ਧਨ ਕਿਉਂ ਇਕੱਠਾ ਕਰਦਾ ਹੈਂ? (ਤੂੰ ਨਿਰੀਆਂ ਗੱਲਾਂ ਨਾਲ ਲੋਕਾਂ ਨੂੰ ਪਤਿਆਉਂਦਾ ਹੈਂ, ਅੰਦਰੋਂ ਤੂੰ ਧਨ ਦੇ ਲਾਲਚ ਵਿਚ ਅਤੇ ਕਾਮ-ਵਾਸ਼ਨਾ ਵਿਚ ਅੰਨ੍ਹਾ ਹੋਇਆ ਪਿਆ ਹੈਂ, ਇਹ ਰਸਤਾ ਆਤਮਕ ਮੌਤ ਦਾ ਹੈ) ॥੪॥੨੭॥
992	24	ਸਿਰੀਰਾਗੁ ਮਹਲਾ ੧ ਘਰੁ ੪॥		Sireeraag Mehalaa 1 Ghar 4 ||	Siree Raag, First Mehl, Fourth House:	

993	24	ਸੋਈ ਮਉਲਾ ਜਿਨਿ ਜਗੁ ਮਉਲਿਆ ਹਰਿਆ ਕੀਆ ਸੰਸਾਰੋ॥	ਮਉਲਾ: ਪੋਲਾ ਬੋਲੋ (ਮਉਲਾ) ਖ਼ੁਦਾ। ਮਉੱਲਿਆ: ਕਸਕੇ ਬੋਲੋ	Soee Moulaa Jin Jag Mouliaa Hariaa Keeaa Sansaaro ||	He is the Master who has made the world bloom; He makes the Universe blossom forth, fresh and green.	ਜਿਸ ਮਾਲਕ ਨੇ ਸਾਰਾ ਜਗਤ ਪ੍ਰਫੁੱਲਤ ਕੀਤਾ ਹੈ, ਜਿਸ ਨੇ ਸਾਰੇ ਸੰਸਾਰ ਨੂੰ ਹਰਾ-ਭਰਾ ਕੀਤਾ ਹੈ।
994	24	ਆਬ ਖਾਕੁ ਜਿਨਿ ਬੰਧਿ ਰਹਾਈ ਧੰਨੁ ਸਿਰਜਣਹਾਰੋ॥੧॥	(ਆਬ) ਪਾਣੀ। (ਖਾਕੁ) ਧਰਤੀ। (ਰਹਾਈ) ਰੱਖੀ	Aab Khaak Jin Bandhh Rehaaee Dhann Sirajanehaaro ||1||	He holds the water and the land in bondage. Hail to the Creator Lord! ||1||	ਜਿਸ ਨੇ ਪਾਣੀ ਤੇ ਮਿੱਟੀ (ਵਿਰੋਧੀ ਤੱਤ) ਇਕੱਠੇ ਕਰ ਕੇ ਰੱਖ ਦਿੱਤੇ ਹਨ, ਉਹ ਸਿਰਜਣਹਾਰ ਧੰਨ ਹੈ (ਉਸੇ ਦੀ ਸਿਫ਼ਤ-ਸਾਲਾਹ ਕਰੋ), ਉਹੀ (ਅਸਲ) ਮਾਲਕ ਹੈ (ਮੌਤ ਦਾ ਮਾਲਕ ਭੀ ਉਹੀ ਹੈ, ਵਿਰੋਧੀ ਤੱਤਾਂ ਵਾਲੀ ਖੇਡ ਆਖ਼ਰ ਮੁੱਕਣੀ ਹੀ ਹੋਈ, ਤੇ ਉਹੀ ਮੁਕਾਂਦਾ ਹੈ) ॥੧॥
995	24	ਮਰਣਾ ਮੁਲਾ ਮਰਣਾ॥	ਮੁੱਲਾਂ	Maranaa Mulaa Maranaa ||	Death, O Mullah- death will come,	ਹੇ ਮੁੱਲਾਂ! ਮੌਤ (ਦਾ ਡਰ) ਹਰੇਕ ਦੇ ਸਿਰ ਉੱਤੇ ਹੈ।
996	24	ਭੀ ਕਰਤਾਰਹੁ ਡਰਣਾ॥੧॥ਰਹਾਉ॥		Bhee Karathaarahu Ddaranaa ||1|| Rehaao ||	So live in the Fear of God the Creator. ||1||Pause||	ਤਾਂ ਤੇ ਰੱਬ ਤੋਂ ਹੀ ਡਰਨਾ ਚਾਹੀਦਾ ਹੈ (ਰੱਬ ਦੇ ਡਰ ਵਿਚ ਰਹਿਣਾ ਹੀ ਫਬਦਾ ਹੈ। ਭਾਵ, ਰੱਬ ਦੇ ਡਰ ਵਿਚ ਰਿਹਾਂ ਹੀ ਮੌਤ ਦਾ ਡਰ ਦੂਰ ਹੋ ਸਕਦਾ ਹੈ) ॥੧॥ ਰਹਾਉ ॥

997	24	ਤਾ ਤੂ ਮੁਲਾ ਤਾ ਤੂ ਕਾਜੀ ਜਾਣਹਿ ਨਾਮੁ ਖੁਦਾਈ॥	ਕਾਜੀ: ਪੋਲਾ ਬੋਲੋ	Thaa Thoo Mulaa Thaa Thoo Kaajee Jaanehi Naam Khudhaaee ||	You are a Mullah, and you are a Qazi, only when you know the Naam, the Name of God.	(ਮਜ਼ਹਬੀ ਕਿਤਾਬਾਂ ਨਿਰੀਆਂ ਪੜ੍ਹ ਲੈਣ ਨਾਲ ਅਸਲ ਕਾਜ਼ੀ ਮੁੱਲਾਂ ਨਹੀਂ ਬਣ ਸਕੀਦਾ) ਤਦੋਂ ਹੀ ਤੂੰ ਆਪਣੇ ਆਪ ਨੂੰ ਮੁੱਲਾਂ ਸਮਝ ਤਦੋਂ ਹੀ ਕਾਜ਼ੀ, ਜਦੋਂ ਤੂੰ ਰੱਬ ਦੇ ਨਾਮ ਨਾਲ ਡੂੰਘੀ ਸਾਂਝ ਪਾ ਲਏਂਗਾ (ਤੇ ਮੌਤ ਦਾ ਡਰ ਮੁਕਾ ਲਏਂਗਾ, ਨਹੀਂ ਤਾਂ)
998	24	ਜੇ ਬਹੁਤੇਰਾ ਪੜਿਆ ਹੋਵਹਿ ਕੋ ਰਹੈ ਨ ਭਰੀਐ ਪਾਈ॥੨॥	ਪੜ੍ਹਿਆ	Jae Bahuthaeraa Parriaa Hovehi Ko Rehai N Bhareeai Paaee ||2||	You may be very educated, but no one can remain when the measure of life is full. ||2||	ਭਾਵੇਂ ਤੂੰ ਕਿਤਨਾ ਹੀ (ਮਜ਼ਹਬੀ ਕਿਤਾਬਾਂ) ਪੜ੍ਹ ਜਾਏਂ (ਮੌਤ ਫਿਰ ਭੀ ਨਹੀਂ ਟਲੇਗੀ), ਜਿਵੇਂ ਪਨ ਘੜੀ ਜਦੋਂ ਪਾਣੀ ਨਾ ਭਰ ਜਾਂਦੀ ਹੈ, ਤਾਂ ਪਾਣੀ ਵਿੱਚ ਤੈਰਦੀ ਨਹੀਂ ਰਹਿ ਸਕਦੀ ਭਾਵ ਡੁੱਬ ਜਾਂਦੀ ਹੈ, ਇਸੇ ਤਰ੍ਹਾਂ ਜਦੋਂ ਸੁਆਸ ਪੂਰੇ ਹੋ ਜਾਂਦੇ ਹਨ, ਕੋਈ ਇਥੇ ਰਹਿ ਨਹੀਂ ਸਕਦਾ ॥੨॥
999	24	ਸੋਈ ਕਾਜੀ ਜਿਨਿ ਆਪੁ ਤਜਿਆ ਇਕੁ ਨਾਮੁ ਕੀਆ ਆਧਾਰੋ॥		Soee Kaajee Jin Aap Thajiaa Eik Naam Keeaa Aadhhaaro ||	He alone is a Qazi, who renounces selfishness and conceit, and makes the One Name his Support.	ਉਹੀ ਮੁਨੱਖ ਕਾਜ਼ੀ ਹੈ ਜਿਸ ਨੇ ਆਪਾ-ਭਾਵ ਤਿਆਗ ਦਿੱਤਾ ਹੈ, ਅਤੇ ਜਿਸ ਨੇ ਉਸ ਰੱਬ ਦੇ ਨਾਮ ਨੂੰ ਆਪਣੀ ਜ਼ਿੰਦਗੀ ਦਾ ਆਸਰਾ ਬਣਾਇਆ ਹੈ,

1000	24	ਹੈ ਭੀ ਹੋਸੀ ਜਾਇ ਨ ਜਾਸੀ ਸਚਾ ਸਿਰਜਣਹਾਰੋ॥੩॥		Hai Bhee Hosee Jaae N Jaasee Sachaa Sirajanehaaro ||3||	The True Creator Lord is, and shall always be. He was not born; He shall not die. ||3||	ਜੋ ਹੁਣ ਭੀ ਹੈ ਅਗਾਂਹ ਨੂੰ ਭੀ ਰਹੇਗਾ, ਜੋ ਨ ਜੰਮਦਾ ਹੈ ਨ ਮਰਦਾ ਹੈ, ਜੋ ਸਦਾ ਕਾਇਮ ਰਹਿਣ ਵਾਲਾ ਹੈ ਤੇ ਸਭ ਦਾ ਪੈਦਾ ਕਰਨ ਵਾਲਾ ਹੈ ॥੩॥
1001	24	ਪੰਜ ਵਖਤ ਨਿਵਾਜ ਗੁਜਾਰਹਿ ਪੜਹਿ ਕਤੇਬ ਕੁਰਾਣਾ॥		Panj Vakhath Nivaaj Gujaarehi Parrehi Kathaeb Kuraanaa ||	You may chant your prayers five times each day; you may read the Bible and the Koran.	(ਹੇ ਕਾਜ਼ੀ!) ਤੂੰ ਪੰਜੇ ਵੇਲੇ ਨਿਮਾਜ਼ਾਂ ਪੜ੍ਹਦਾ ਹੈਂ, ਤੂੰ ਕੁਰਾਨ ਅਤੇ ਹੋਰ ਆਪਣੀਆਂ ਮਜ਼ਹਬੀ ਕਿਤਾਬਾਂ ਭੀ ਪੜ੍ਹਦਾ ਹੈਂ (ਫਿਰ ਭੀ ਸੁਆਰਥ ਵਿਚ ਬੱਝਾ ਰਹਿ ਕੇ ਮੌਤ ਤੋਂ ਡਰਦਾ ਹੈਂ)।
1002	24	ਨਾਨਕੁ ਆਖੈ ਗੋਰ ਸਦੇਈ ਰਹਿਓ ਪੀਣਾ ਖਾਣਾ॥੪॥੨੮॥	(ਗੋਰ) ਕਬਰ। (ਸੱਦੇਈ) ਸੱਦਦੀ ਹੈ	Naanak Aakhai Gor Sadhaeee Rehiou Peenaa Khaanaa ||4||28||	Says Nanak, the grave is calling you, and now your food and drink are finished. ||4||28||	ਨਾਨਕ ਆਖਦਾ ਹੈ- (ਹੇ ਕਾਜ਼ੀ!) ਜਦੋਂ ਮੌਤ ਸੱਦਾ ਦੇਂਦੀ ਹੈ ਤਾਂ ਦਾਣਾ ਪਾਣੀ ਇੱਥੇ ਦਾ ਇੱਥੇ ਹੀ ਧਰਿਆ ਰਹਿ ਜਾਂਦਾ ਹੈ (ਸੋ, ਮੌਤ ਦੇ ਡਰ ਤੋਂ ਬਚਣ ਲਈ ਰੱਬ ਦੇ ਡਰ ਵਿਚ ਟਿਕਿਆ ਰਹੁ) ॥੪॥੨੮॥
1003	24	ਸਿਰੀਰਾਗੁ ਮਹਲਾ ੧ ਘਰੁ ੪॥		Sireeraag Mehalaa 1 Ghar 4 ||	Siree Raag, First Mehl, Fourth House:	
1004	24	ਏਕੁ ਸੁਆਨੁ ਦੁਇ ਸੁਆਨੀ ਨਾਲਿ॥		Eaek Suaan Dhue Suaanee Naal ||	The dogs of greed are with me.	ਮੇਰੇ ਨਾਲ ਇਕ ਕੁੱਤਾ (ਲੋਭ) ਹੈ, ਦੋ ਕੁੱਤੀਆਂ (ਆਸਾ, ਤ੍ਰਿਸ਼ਨਾ) ਹਨ।
1005	24	ਭਲਕੇ ਭਉਕਹਿ ਸਦਾ ਬਇਆਲਿ॥	(ਬ-ਇਆਲਿ) ਬਿਅਰਥ	Bhalakae Bhoukehi Sadhaa Baeiaal ||	In the early morning, they continually bark at the wind.	(ਦੋ ਜੋ ਨਿੱਤ ਸਵੇਰ ਤੋਂ ਹੀ ਭੌਂਕਣਾ ਸ਼ੁਰੂ ਕਰ ਦਿੰਦੀਆਂ ਹਨ।)

1006	24	ਕੂੜੁ ਛੁਰਾ ਮੁਠਾ ਮੁਰਦਾਰੁ॥	(ਮੁੱਠਾ) ਠੱਗਣਾ। (ਮੁਰਦਾਰੁ) ਮੁਰਦਾ	Koorr Shhuraa Muthaa Muradhaar ||	Falsehood is my dagger; through deception, I eat the carcasses of the dead.	(ਮੇਰੇ ਹੱਥ ਵਿਚ) ਝੂਠ ਛੁਰਾ ਹੈ, ਮੈਂ ਮਾਇਆ ਵਿਚ ਠੱਗਿਆ ਜਾ ਰਿਹਾ ਹਾਂ (ਤੇ ਪਰਾਇਆ ਹੱਕ) ਮੁਰਦਾਰ (ਖਾਂਦਾ ਹਾਂ)
1007	24	ਧਾਣਕ ਰੂਪਿ ਰਹਾ ਕਰਤਾਰ॥੧॥	(ਧਾਣਕ) ਭਿਆਨਕ	Dhhaanak Roop Rehaa Karathaar ||1||	I live as a wild hunter, O Creator! ||1||	ਹੇ ਕਰਤਾਰ! ਮੈਂ ਸਾਂਹਸੀਆਂ ਵਾਲੇ ਰੂਪ ਵਿਚ ਰਹਿੰਦਾ ਹਾਂ ॥੧॥
1008	24	ਮੈ ਪਤਿ ਕੀ ਪੰਦਿ ਨ ਕਰਣੀ ਕੀ ਕਾਰ॥	(ਪੰਦਿ) ਉਪਦੇਸ਼	Mai Path Kee Pandh N Karanee Kee Kaar ||	I have not followed good advice, nor have I done good deeds.	ਹੇ ਪਤਿ-ਪ੍ਰਭੂ! ਨਾਹ ਮੈਂ ਤੇਰੀ ਨਸੀਹਤ ਤੇ ਤੁਰਦਾ ਹਾਂ, ਨਾਹ ਮੇਰੀ ਕਰਣੀ ਚੰਗੀ ਹੈ।
1009	24	ਹਉ ਬਿਗੜੈਰੂਪਿ ਰਹਾ ਬਿਕਰਾਲ॥	(ਬਿਗੜੈਰੂਪਿ) ਕੋੜ੍ਹੀ। (ਬਿਕਰਾਲ) ਭਿਆਨਕ	Ho Bigarrai Roop Rehaa Bikaraal ||	I am deformed and horribly disfigured.	ਮੈਂ ਸਦਾ ਡਰਾਉਣੇ ਵਿਗੜੇ ਰੂਪ ਵਾਲਾ ਬਣਿਆ ਰਹਿੰਦਾ ਹਾਂ।
1010	24	ਤੇਰਾ ਏਕੁ ਨਾਮੁ ਤਾਰੇ ਸੰਸਾਰੁ॥		Thaeraa Eaek Naam Thaarae Sansaar ||	Your Name alone, Lord, saves the world.	ਤੇਰਾ ਜੇਹੜਾ ਨਾਮ ਸਾਰੇ ਸੰਸਾਰ ਨੂੰ ਪਾਰ ਲੰਘਾਂਦਾ ਹੈ (ਉਹ ਮੈਨੂੰ ਭੀ ਪਾਰ ਲੰਘਾ ਲਏਗਾ)।
1011	24	ਮੈ ਏਹਾ ਆਸ ਏਹੋ ਆਧਾਰੁ॥੧॥ਰਹਾਉ ॥		Mai Eaehaa Aas Eaeho Aadhhaar ||1|| Rehaao ||	This is my hope; this is my support. ||1||Pause||	ਮੈਨੂੰ ਹੁਣ ਸਿਰਫ਼ ਇਹੀ ਆਸ ਹੈ, ਇਹੋ ਆਸਰਾ ਹੈ ਕਿ ॥੧॥ ਰਹਾਉ ॥
1012	24	ਮੁਖਿ ਨਿੰਦਾ ਆਖਾ ਦਿਨੁ ਰਾਤਿ॥		Mukh Nindhaa Aakhaa Dhin Raath ||	With my mouth I speak slander, day and night.	ਮੈਂ ਦਿਨੇ ਰਾਤ ਮੂੰਹੋਂ (ਦੂਜਿਆਂ ਦੀ) ਨਿੰਦਾ ਕਰਦਾ ਰਹਿੰਦਾ ਹਾਂ।

1013	24	ਪਰ ਘਰੁ ਜੋਹੀ ਨੀਚ ਸਨਾਤਿ॥	(ਜੋਹੀ) ਤੱਕਦਾ	Par Ghar Johee Neech Sanaath ||	I spy on the houses of others-I am such a wretched low-life!	ਮੈਂ ਨੀਚ ਤੇ ਨੀਵੇਂ ਅਸਲੇ ਵਾਲਾ ਹੋ ਗਿਆ ਹਾਂ, ਪਰਾਇਆ ਘਰ ਤੱਕਦਾ ਹਾਂ।
1014	24	ਕਾਮੁ ਕ੍ਰੋਧੁ ਤਨਿ ਵਸਹਿ ਚੰਡਾਲ॥		Kaam Krodhh Than Vasehi Chanddaal ||	Unfulfilled sexual desire and unresolved anger dwell in my body, like the outcasts who cremate the dead.	ਮੇਰੇ ਸਰੀਰ ਵਿਚ ਕਾਮ ਤੇ ਕ੍ਰੋਧ ਚੰਡਾਲ ਵੱਸ ਰਹੇ ਹਨ।
1015	24	ਧਾਣਕ ਰੂਪਿ ਰਹਾ ਕਰਤਾਰ॥੨॥		Dhhaanak Roop Rehaa Karathaar ||2||	I live as a wild hunter, O Creator! ||2||	ਹੇ ਕਰਤਾਰ! ਮੈਂ ਸਾਂਹਸੀਆਂ ਵਾਲੇ ਰੂਪ ਵਿਚ ਤੁਰਿਆ ਫਿਰਦਾ ਹਾਂ ॥੨॥
1016	24	ਫਾਹੀ ਸੁਰਤਿ ਮਲੂਕੀ ਵੇਸੁ॥	(ਮਲੂਕੀ) ਸਾਧ। (ਵੇਸੁ) ਭੇਸ	Faahee Surath Malookee Vaes ||	I make plans to trap others, although I appear gentle.	ਮੇਰਾ ਧਿਆਨ ਇਸ ਪਾਸੇ ਰਹਿੰਦਾ ਹੈ ਕਿ ਲੋਕਾਂ ਨੂੰ ਕਿਸੇ ਠੱਗੀ ਵਿਚ ਫਸਾਵਾਂ, ਪਰ ਮੈਂ ਫ਼ਕੀਰਾਂ ਵਾਲਾ ਲਿਬਾਸ ਪਾਇਆ ਹੋਇਆ ਹੈ।
1017	24	ਹਉ ਠਗਵਾੜਾ ਠਗੀ ਦੇਸੁ॥	ਠੱਗਵਾੜਾ ਠੱਗੀ	Ho Thagavaarraa Thagee Dhaes ||	I am a robber-I rob the world.	ਮੈਂ ਠੱਗੀ ਦਾ ਅੱਡਾ ਬਣਿਆ ਹੋਇਆ ਹਾਂ, ਦੇਸ ਨੂੰ ਠੱਗ ਰਿਹਾ ਹਾਂ।
1018	24	ਖਰਾ ਸਿਆਣਾ ਬਹੁਤਾ ਭਾਰੁ॥		Kharaa Siaanaa Bahuthaa Bhaar ||	I am very clever-I carry loads of sin.	(ਜਿਉਂ ਜਿਉਂ) ਮੈ ਬਹੁਤਾ ਸਿਆਣਾ ਬਣਦਾ ਹਾਂ ਪਾਪਾਂ ਦਾ ਹੋਰ ਹੋਰ ਭਾਰ (ਆਪਣੇ ਸਿਰ ਉੱਤੇ ਚੁੱਕਦਾ ਜਾਂਦਾ ਹਾਂ)।
1019	24	ਧਾਣਕ ਰੂਪਿ ਰਹਾ ਕਰਤਾਰ॥੩॥		Dhhaanak Roop Rehaa Karathaar ||3||	I live as a wild hunter, O Creator! ||3||	ਹੇ ਕਰਤਾਰ! ਮੈਂ ਸਾਂਹਸੀਆਂ ਵਾਲਾ ਰੂਪ ਧਾਰੀ ਬੈਠਾ ਹਾਂ ॥੩॥

1020	24	ਮੈ ਕੀਤਾ ਨ ਜਾਤਾ ਹਰਾਮਖੋਰੁ॥	ਆਪ ਜੀ ਦਾ ਕੀਤਾ ਨ(ਜਾਤਾ) ਜਾਣਦਾ	Mai Keethaa N Jaathaa Haraamakhor ||	I have not appreciated what You have done for me, Lord; I take from others and exploit them.	ਹੇ ਕਰਤਾਰ! ਮੈਂ ਤੇਰੀਆਂ ਦਾਤਾਂ ਦੀ ਕਦਰ ਨਹੀਂ ਪਛਾਣੀ, ਮੈਂ ਪਰਾਇਆ ਹੱਕ ਖਾਂਦਾ ਹਾਂ।
1021	24	ਹਉ ਕਿਆ ਮੁਹੁ ਦੇਸਾ ਦੁਸਟੁ ਚੋਰੁ॥	(ਦੇਸਾ) ਦਿਖਾਵਾਂਗਾ	Ho Kiaa Muhu Dhaesaa Dhusatt Chor ||	What face shall I show You, Lord? I am a sneak and a thief.	ਮੈਂ ਵਿਕਾਰੀ ਹਾਂ, ਮੈਂ (ਤੇਰਾ) ਚੋਰ ਹਾਂ, ਤੇਰੇ ਸਾਹਮਣੇ ਮੈਂ ਕਿਸ ਮੂੰਹ ਹਾਜ਼ਰ ਹੋਵਾਂਗਾ?
1022	24	ਨਾਨਕੁ ਨੀਚੁ ਕਹੈ ਬੀਚਾਰੁ॥		Naanak Neech Kehai Beechaar ||	Nanak describes the state of the lowly.	ਮੰਦ-ਕਰਮੀ ਨਾਨਕ ਇਹੀ ਗੱਲ ਆਖਦਾ ਹੈ,
1023	24	ਧਾਣਕ ਰੂਪਿ ਰਹਾ ਕਰਤਾਰ॥੪॥੨੯॥		Dhhaanak Roop Rehaa Karathaar ||4||29||	I live as a wild hunter, O Creator! ||4||29||	ਹੇ ਕਰਤਾਰ! ਮੈਂ ਤਾਂ ਸਾਂਹਸੀ-ਰੂਪ ਵਿਚ ਜੀਵਨ ਬਤੀਤ ਕਰ ਰਿਹਾ ਹਾਂ ॥੪॥੨੯॥
1024	24	ਸਿਰੀਰਾਗੁ ਮਹਲਾ ੧ ਘਰੁ ੪॥		Sireeraag Mehalaa 1 Ghar 4 ||	Siree Raag, First Mehl, Fourth House:	
1025	24	ਏਕਾ ਸੁਰਤਿ ਜੇਤੇ ਹੈ ਜੀਅ॥		Eaekaa Surath Jaethae Hai Jeea ||	There is one awareness among all created beings.	ਜਿਤਨੇ ਭੀ ਜੀਵ ਹਨ (ਇਹਨਾਂ ਸਭਨਾਂ ਦੇ ਅੰਦਰ) ਇਕ ਪਰਮਾਤਮਾ ਦੀ ਹੀ ਬਖ਼ਸ਼ੀ ਹੋਈ ਸੂਝ ਕੰਮ ਕਰ ਰਹੀ ਹੈ।
1026	24	ਸੁਰਤਿ ਵਿਹੂਣਾ ਕੋਇ ਨ ਕੀਅ॥		Surath Vihoonaa Koe N Keea ||	None have been created without this awareness.	(ਪਰਮਾਤਮਾ ਨੇ) ਕੋਈ ਭੀ ਐਸਾ ਜੀਵ ਪੈਦਾ ਨਹੀਂ ਕੀਤਾ ਜਿਸ ਨੂੰ ਸੂਝ ਤੋਂ ਵਿਰਵਾ ਰੱਖਿਆ ਹੋਵੇ।

1027	25	ਜੇਹੀ ਸੁਰਤਿ ਤੇਹਾ ਤਿਨ ਰਾਹੁ॥		Jaehee Surath Thaehaa Thin Raahu ||	As is their awareness, so is their way.	ਜਿਹੋ ਜਿਹੀ ਸੂਝ (ਪ੍ਰਭੂ ਜੀਵਾਂ ਨੂੰ ਦੇਂਦਾ ਹੈ) ਉਹੋ ਜਿਹਾ ਜੀਵਨ-ਰਸਤਾ ਉਹ ਫੜ ਲੈਂਦੇ ਹਨ।
1028	25	ਲੇਖਾ ਇਕੋ ਆਵਹੁ ਜਾਹੁ॥੧॥		Laekhaa Eiko Aavahu Jaahu ||1||	According to the account of our actions, we come and go in reincarnation. ||1||	(ਉਸੇ ਮਿਲੀ ਸੂਝ ਅਨੁਸਾਰ) ਜੀਵ (ਜਗਤ ਵਿਚ) ਆਉਂਦੇ ਹਨ ਤੇ (ਇੱਥੋਂ) ਚਲੇ ਜਾਂਦੇ ਹਨ। ਇਹ ਮਰਯਾਦਾ ਤੋਰਨ ਵਾਲਾ ਪ੍ਰਭੂ ਆਪ ਹੀ ਹੈ ॥੧॥
1029	25	ਕਾਹੇ ਜੀਅ ਕਰਹਿ ਚਤੁਰਾਈ॥		Kaahae Jeea Karehi Chathuraaee ||	Why, O soul, do you try such clever tricks?	ਹੇ ਜੀਵ! ਤੂੰ (ਆਪਣੀ ਚੰਗੀ ਸੂਝ-ਅਕਲ ਵਿਖਾਣ ਲਈ) ਕਿਉਂ ਚਲਾਕੀ ਕਰਦਾ ਹੈਂ?
1030	25	ਲੇਵੈ ਦੇਵੈ ਢਿਲ ਨ ਪਾਈ॥੧॥ਰਹਾਉ॥	ਢਿੱਲ	Laevai Dhaevai Dtil N Paaee ||1|| Rehaao ||	Taking away and giving back, God does not delay. ||1||Pause||	ਉਹ ਪਰਮਾਤਮਾ ਹੀ (ਜੀਵਾਂ ਨੂੰ ਸੂਝ) ਦੇਂਦਾ ਭੀ ਹੈ ਤੇ ਲੈ ਭੀ ਲੈਂਦਾ ਹੈ, ਰਤਾ ਚਿਰ ਨਹੀਂ ਲਾਂਦਾ ॥੧॥ ਰਹਾਉ ॥
1031	25	ਤੇਰੇ ਜੀਅ ਜੀਆ ਕਾ ਤੋਹਿ॥		Thaerae Jeea Jeeaa Kaa Thohi ||	All beings belong to You; all beings are Yours. O Lord and Master,	ਹੇ ਮਾਲਕ-ਪ੍ਰਭੂ! ਸਾਰੇ ਜੀਵ ਤੇਰੇ ਪੈਦਾ ਕੀਤੇ ਹੋਏ ਹਨ, ਸਾਰੇ ਜੀਵਾਂ ਦਾ ਤੂੰ ਹੀ ਖਸਮ ਹੈਂ।
1032	25	ਕਿਤ ਕਉ ਸਾਹਿਬ ਆਵਹਿ ਰੋਹਿ॥	(ਰੋਹਿ) ਕ੍ਰੋਧ	Kith Ko Saahib Aavehi Rohi ||	How can You become angry with them?	(ਜੇ ਜੀਵ ਤੈਥੋਂ ਮਿਲੀ ਸੂਝ-ਅਕਲ ਦਾ ਮਾਣ ਭੀ ਕਰਨ, ਤਾਂ ਭੀ) ਤੂੰ ਗੁੱਸੇ ਵਿਚ ਨਹੀਂ ਆਉਂਦਾ (ਕਿਉਂਕਿ ਆਖ਼ਰ ਇਹ ਜੀਵ ਸਾਰੇ ਤੇਰੇ ਹੀ ਹਨ)।
1033	25	ਜੇ ਤੂ ਸਾਹਿਬ ਆਵਹਿ ਰੋਹਿ॥		Jae Thoo Saahib Aavehi Rohi ||	Even if You, O Lord and Master, become angry with them,	ਹੇ ਮਾਲਕ ਪ੍ਰਭੂ! ਜੇ ਤੂੰ ਗੁੱਸੇ ਵਿਚ ਆਵੇਂ (ਤਾਂ ਕਿਸ ਉੱਤੇ ਆਵੇਂ?)

1034	25	ਤੂ ਓਨਾ ਕਾ ਤੇਰੇ ਓਹਿ॥੨॥		Thoo Ounaa Kaa Thaerae Ouhi ||2||	Still, You are theirs, and they are Yours. ||2||	ਤੂੰ ਉਹਨਾਂ ਦਾ ਮਾਲਕ ਹੈਂ, ਉਹ ਸਾਰੇ ਤੇਰੇ ਹੀ ਬਣਾਏ ਹੋਏ ਹਨ ॥੨॥
1035	25	ਅਸੀ ਬੋਲ ਵਿਗਾੜ ਵਿਗਾੜਹ ਬੋਲ॥		Asee Bolavigaarr Vigaarreh Bol ||	We are foul-mouthed; we spoil everything with our foul words.	(ਹੇ ਪ੍ਰਭੂ!) ਅਸੀਂ ਜੀਵ ਬੜਬੋਲੇ ਹਾਂ, ਅਸੀਂ (ਤੈਥੋਂ ਮਿਲੀ ਸੂਝ-ਅਕਲ ਉਤੇ ਮਾਣ ਕਰਕੇ ਅਨੇਕਾਂ ਵਾਰੀ) ਫਿੱਕੇ ਬੋਲ ਬੋਲ ਦੇਂਦੇ ਹਾਂ,
1036	25	ਤੂ ਨਦਰੀ ਅੰਦਰਿ ਤੋਲਹਿ ਤੋਲ॥		Thoo Nadharee Andhar Tholehi Thol ||	You weigh us in the balance of Your Glance of Grace.	ਪਰ ਤੂੰ (ਸਾਡੇ ਕੁਬੋਲਾਂ ਨੂੰ) ਮਿਹਰ ਦੀ ਨਿਗਾਹ ਨਾਲ ਪਰਖਦਾ ਹੈਂ।
1037	25	ਜਹ ਕਰਣੀ ਤਹ ਪੂਰੀ ਮਤਿ॥		Jeh Karanee Theh Pooree Math ||	When one's actions are right, the understanding is perfect.	(ਗੁਰੂ ਦੇ ਦੱਸੇ ਰਾਹ ਉੱਤੇ ਤੁਰ ਕੇ) ਜਿਸ ਮਨੁੱਖ ਦੇ ਅੰਦਰ ਉੱਚਾ ਆਚਰਨ ਬਣ ਜਾਂਦਾ ਹੈ ਉਸ ਦੀ ਸੂਝ-ਅਕਲ ਭੀ ਗੰਭੀਰ ਹੋ ਜਾਂਦੀ ਹੈ (ਤੇ ਉਹ ਬੜਬੋਲਾ ਨਹੀਂ ਬਣਦਾ)।
1038	25	ਕਰਣੀ ਬਾਝਹੁ ਘਟੇ ਘਟਿ॥	ਘੱਟੇ, ਘੱਟਿ	Karanee Baajhahu Ghattae Ghatt ||3||	Without good deeds, it becomes more and more deficient. ||3||	(ਉੱਚੇ) ਆਚਰਨ ਤੋਂ ਬਿਨਾ ਮਨੁੱਖ ਦੀ ਸੂਝ ਬੂਝ ਭੀ ਨੀਵੀਂ ਹੀ ਰਹਿੰਦੀ ਹੈ ॥੩॥
1039	25	ਪ੍ਰਣਵਤਿ ਨਾਨਕ ਗਿਆਨੀ ਕੈਸਾ ਹੋਇ॥	(ਪ੍ਰਣਵਤਿ) ਬੇਨਤੀ	Pranavath Naanak Giaanee Kaisaa Hoe ||	Prays Nanak, what is the nature of the spiritual people?	ਨਾਨਕ ਬੇਨਤੀ ਕਰਦਾ ਹੈ, ਅਸਲ ਗਿਆਨਵਾਨ ਮਨੁੱਖ ਉਹ ਹੈ,
1040	25	ਆਪੁ ਪਛਾਣੈ ਬੂਝੈ ਸੋਇ॥		Aap Pashhaanai Boojhai Soe ||	They are self-realized; they understand God.	ਜੋ ਆਪਣੇ ਅਸਲੇ ਨੂੰ ਪਛਾਣਦਾ ਹੈ, ਜੋ ਉਸ ਪਰਮਾਤਮਾ ਨੂੰ ਹੀ (ਅਕਲ-ਦਾਤਾ) ਸਮਝਦਾ ਹੈ,

1041	25	ਗੁਰ ਪਰਸਾਦਿ ਕਰੇ ਬੀਚਾਰੁ॥		Gur Parasaadh Karae Beechaar ||	By Guru's Grace, they contemplate Him;	ਜੋ ਗੁਰੂ ਦੀ ਮਿਹਰ ਨਾਲ (ਆਪਣੀ ਚਤੁਰਾਈ ਛੱਡ ਕੇ ਅਕਲ-ਦਾਤੇ ਪ੍ਰਭੂ ਦੇ ਗੁਣਾਂ ਦਾ) ਵਿਚਾਰ ਕਰਦਾ ਹੈ।
1042	25	ਸੋ ਗਿਆਨੀ ਦਰਗਹ ਪਰਵਾਣੁ॥੪॥੩੦॥		So Giaanee Dharageh Paravaan ||4||30||	Such spiritual people are honored in His Court. ||4||30||	ਅਜੇਹਾ ਗਿਆਨਵਾਨ ਮਨੁੱਖ ਪ੍ਰਭੂ ਦੀ ਹਜ਼ੂਰੀ ਵਿਚ ਕਬੂਲ ਹੋ ਜਾਂਦਾ ਹੈ ॥੪॥੩੦॥
1043	25	ਸਿਰੀਰਾਗੁ ਮਹਲਾ ੧ ਘਰੁ ੪॥		Sireeraag Mehalaa 1 Ghar 4 ||	Siree Raag, First Mehl, Fourth House:	
1044	25	ਤੂ ਦਰੀਆਉ ਦਾਨਾ ਬੀਨਾ ਮੈ ਮਛੁਲੀ ਕੈਸੇ ਅੰਤੁ ਲਹਾ॥	(ਦਰੀ-ਆਉ) ਸਮੁੰਦ੍ਰ। (ਦਾਨਾ) ਜਾਨਣ ਵਾਲਾ (ਬੀਨਾ) ਦੇਖਣ ਵਾਲਾ	Thoo Dhareeaao Dhaanaa Beenaa Mai Mashhulee Kaisae Anth Lehaa ||	You are the River, All-knowing and All-seeing. I am just a fish- how can I find Your limit?	ਹੇ ਪ੍ਰਭੂ! ਤੂੰ (ਇਕ) ਦਰੀਆ (ਸਮਾਨ ਹੈਂ), ਮੈਂ (ਤੇਰੇ ਵਿਚ ਰਹਿਣ ਵਾਲੀ) ਇਕ ਨਿੱਕੀ ਜਿਹੀ ਮੱਛੀ ਹਾਂ। ਮੈਂ ਤੇਰਾ ਅਖ਼ੀਰਲਾ ਬੰਨਾ ਨਹੀਂ ਲੱਭ ਸਕਦੀ। (ਮੇਰੀ ਹਾਲਤ) ਤੂੰ ਹੀ ਜਾਣਦਾ ਹੈਂ, ਤੂੰ ਹੀ (ਨਿਤ) ਦੇਖਦਾ ਹੈਂ।
1045	25	ਜਹ ਜਹ ਦੇਖਾ ਤਹ ਤਹ ਤੂਹੈ ਤੁਝ ਤੇ ਨਿਕਸੀ ਫੂਟਿ ਮਰਾ॥੧॥	(ਨਿਕਸੀ) ਵੱਖ ਹੋਣਾ। ਦੇਖਾਂ,ਮਰਾਂ	Jeh Jeh Dhaekhaa Theh Theh Thoo Hai Thujh Thae Nikasee Foott Maraa ||1||	Wherever I look, You are there. Outside of You, I would burst and die. ||1||	ਮੈਂ (ਮੱਛੀ ਤੈਂ ਦਰੀਆ ਵਿਚ) ਜਿਧਰ ਵੇਖਦੀ ਹਾਂ ਉਧਰ ਉਧਰ ਤੂੰ (ਦਰੀਆ ਹੀ ਦਰੀਆ) ਹੈ। ਜੇ ਮੈਂ ਤੈਂ ਦਰੀਆ ਵਿਚੋਂ ਬਾਹਰ ਨਿਕਲ ਜਾਵਾਂ, ਤਾਂ ਉਸੇ ਵੇਲੇ ਤੜਫ ਮਰਦੀ ਹਾਂ (ਮੇਰਾ ਜੀਵਨ ਤੇਰੇ ਹੀ ਆਸਰੇ ਹੈ) ॥੧॥

1046	25	ਨ ਜਾਣਾ ਮੇਉ ਨ ਜਾਣਾ ਜਾਲੀ॥	ਜਮ ਰੂਪੀ (ਮੇਉ) ਮਲਾਹ। ਜਾਲ਼ੀ: ਪੋਲਾ ਬੋਲੋ	N Jaanaa Maeo N Jaanaa Jaalee ||	I do not know of the fisherman, and I do not know of the net.	(ਹੇ ਦਰੀਆ-ਪ੍ਰਭੂ! ਤੈਥੋਂ ਵਿਛੋੜਨ ਵਾਲੇ) ਨਾਹ ਮੈਨੂੰ ਮਾਛੀ ਦੀ ਸਮਝ ਹੈ, ਨਾਹ ਹੀ ਉਸ ਦੇ ਜਾਲ ਦੀ (ਉਹਨਾਂ ਤੋਂ ਬਚਣਾ ਮੇਰੇ ਵੱਸ ਦੀ ਗੱਲ ਨਹੀਂ)।
1047	25	ਜਾ ਦੁਖੁ ਲਾਗੈ ਤਾ ਤੁਝੈ ਸਮਾਲੀ॥੧॥ਰਹਾਉ॥		Jaa Dhukh Laagai Thaa Thujhai Samaalee ||1|| Rehaao ||	But when the pain comes, then I call upon You. ||1||Pause||	(ਤੈਥੋਂ ਵਿਛੋੜਨ ਵਾਸਤੇ) ਜਦੋਂ ਮੈਨੂੰ ਕੋਈ (ਆਤਮਕ) ਦੁੱਖ ਵਿਆਪਦਾ ਹੈ, ਤਾਂ ਮੈਂ ਤੈਨੂੰ ਹੀ ਯਾਦ ਕਰਦੀ ਹਾਂ ॥੧॥ ਰਹਾਉ ॥
1048	25	ਤੂ ਭਰਪੂਰਿ ਜਾਨਿਆ ਮੈ ਦੂਰਿ॥		Thoo Bharapoor Jaaniaa Mai Dhoor ||	You are present everywhere. I had thought that You were far away.	ਹੇ ਪ੍ਰਭੂ! ਤੂੰ (ਇਸ ਜਗਤ ਵਿਚ) ਹਰ ਥਾਂ ਮੌਜੂਦ ਹੈਂ, ਮੈਂ ਤੈਨੂੰ ਕਿਤੇ ਦੂਰ ਵੱਸਦਾ ਸਮਝਿਆ ਹੋਇਆ ਹੈ।
1049	25	ਜੋ ਕਛੁ ਕਰੀ ਸੁ ਤੇਰੈ ਹਦੂਰਿ॥		Jo Kashh Karee S Thaerai Hadhoor ||	Whatever I do, I do in Your Presence.	(ਅਸਲ ਗੱਲ ਇਹ ਹੈ ਕਿ) ਜੋ ਕੁਝ ਮੈਂ ਕਰਦਾ ਹਾਂ, ਉਹ ਤੇਰੀ ਹਜ਼ੂਰੀ ਵਿਚ ਹੀ ਕਰ ਰਿਹਾ ਹਾਂ।
1050	25	ਤੂ ਦੇਖਹਿ ਹਉ ਮੁਕਰਿ ਪਾਉ॥	ਮੁੱਕਰਿ	Thoo Dhaekhehi Ho Mukar Paao ||	You see all my actions, and yet I deny them.	ਤੂੰ ਸਭ ਕੁਝ ਵੇਖਦਾ ਹੈਂ (ਫਿਰ ਭੀ) ਮੈਂ ਆਪਣੇ ਕੀਤੇ ਕੰਮਾਂ ਤੋਂ ਮੁੱਕਰ ਜਾਂਦਾ ਹਾਂ।
1051	25	ਤੇਰੈ ਕੰਮਿ ਨ ਤੇਰੈ ਨਾਇ॥੨॥	ਨ: ਦੇਲ਼ੀ ਦੀਵਾ ਹੈ, ਅਰਥ ਕਰਣ ਵੇਲੇ ਤੁਕ ਵਿੱਚ ਇਉਂ ਵਰਤਣਾਤੇਰੈ ਕੰਮਿ ਨ, ਨ ਤੇਰੈ ਨਾਇ	Thaerai Kanm N Thaerai Naae ||2||	I have not worked for You, or Your Name. ||2||	ਮੈਂ ਨਾਹ ਉਸ ਕੰਮ ਵਿਚ ਲੱਗਦਾ ਹਾਂ ਜੋ ਤੈਨੂੰ ਪਰਵਾਨ ਹੋਵੇ, ਨਾਹ ਹੀ ਮੈਂ ਤੇਰੇ ਨਾਮ ਵਿਚ ਜੁੜਦਾ ਹਾਂ ॥੨॥

1052	25	ਜੇਤਾ ਦੇਹਿ ਤੇਤਾ ਹਉ ਖਾਉ॥		Jaethaa Dhaehi Thaethaa Ho Khaao ||	Whatever You give me, that is what I eat.	ਹੇ ਪ੍ਰਭੂ! ਜੋ ਕੁਝ ਤੂੰ ਮੈਨੂੰ ਦੇਂਦਾ ਹੈਂ, ਮੈਂ ਉਹੀ ਖਾਂਦਾ ਹਾਂ।
1053	25	ਬਿਆ ਦਰੁ ਨਾਹੀ ਕੈ ਦਰਿ ਜਾਉ॥	(ਬਿਆ) ਦੂਜਾ	Biaa Dhar Naahee Kai Dhar Jaao ||	There is no other door- unto which door should I go?	ਕੋਈ ਹੋਰ ਦਰਵਾਜ਼ਾ ਨਹੀਂ ਹੈ ਜਿਥੇ ਮੈਂ ਜਾਵਾਂ (ਤੇ ਸਵਾਲੀ ਬਣਾਂ)।
1054	25	ਨਾਨਕੁ ਏਕ ਕਹੈ ਅਰਦਾਸਿ॥		Naanak Eaek Kehai Aradhaas ||	Nanak offers this one prayer:	ਨਾਨਕ ਸਿਰਫ਼ ਇਹ ਬੇਨਤੀ ਕਰਦਾ ਹੈ
1055	25	ਜੀਉ ਪਿੰਡੁ ਸਭੁ ਤੇਰੈ ਪਾਸਿ॥੩॥		Jeeo Pindd Sabh Thaerai Paas ||3||	This body and soul are totally Yours. ||3||	ਕਿ ਇਹ ਜਿੰਦ ਤੇਰੀ ਹੀ ਦਿੱਤੀ ਹੋਈ ਹੈ ਇਹ ਸਰੀਰ ਤੇਰਾ ਹੀ ਦਿੱਤਾ ਹੋਇਆ ਹੈ, ਇਹ ਸਭ ਕੁਝ ਤੇਰੇ ਹੀ ਆਸਰੇ ਰਹਿ ਸਕਦਾ ਹੈ ॥੩॥
1056	25	ਆਪੇ ਨੇੜੈ ਦੂਰਿ ਆਪੇ ਹੀ ਆਪੇ ਮੰਝਿ ਮਿਆਨੋ॥	(ਮੰਝਿ) ਵਿੱਚ। (ਮਿਆਨੋ) ਸਰੀਰ	Aapae Naerrai Dhoor Aapae Hee Aapae Manjh Miaanuo ||	He Himself is near, and He Himself is far away; He Himself is in-between.	ਪ੍ਰਭੂ ਆਪ ਹੀ ਹਰੇਕ ਜੀਵ ਦੇ ਨੇੜੇ ਹੈ, ਆਪ ਹੀ ਦੂਰ ਭੀ ਹੈ, ਆਪ ਹੀ ਸਾਰੇ ਜਗਤ ਵਿਚ ਮੌਜੂਦ ਹੈ।
1057	25	ਆਪੇ ਵੇਖੈ ਸੁਣੈ ਆਪੇ ਹੀ ਕੁਦਰਤਿ ਕਰੇ ਜਹਾਨੋ॥		Aapae Vaekhai Sunae Aapae Hee Kudharath Karae Jehaanuo ||	He Himself beholds, and He Himself listens. By His Creative Power, He created the world.	ਪ੍ਰਭੂ ਆਪ ਹੀ ਹਰੇਕ ਜੀਵ ਦੀ ਸੰਭਾਲ ਕਰਦਾ ਹੈ, ਆਪ ਹੀ ਹਰੇਕ ਦੀ ਅਰਜ਼ੋਈ ਸੁਣਦਾ ਹੈ, ਆਪ ਹੀ ਆਪਣੀ ਸੱਤਿਆ ਨਾਲ ਜਗਤ ਪੈਦਾ ਕਰਦਾ ਹੈ।

1058	25	ਜੋ ਤਿਸੁ ਭਾਵੈ ਨਾਨਕਾ ਹੁਕਮੁ ਸੋਈ ਪਰਵਾਨੋ॥੪॥੩੧॥		Jo This Bhaavai Naanakaa Hukam Soee Paravaanuo ||4||31||	Whatever pleases Him, O Nanak-that Command is acceptable. ||4||31||	ਹੇ ਨਾਨਕ! ਜੋ ਹੁਕਮ ਉਸ ਨੂੰ ਚੰਗਾ ਲੱਗਦਾ ਹੈ, ਉਹੀ ਹਰੇਕ ਜੀਵ ਨੂੰ ਕਬੂਲ ਕਰਨਾ ਪੈਂਦਾ ਹੈ ॥੪॥੩੧॥
1059	25	ਸਿਰੀਰਾਗੁ ਮਹਲਾ ੧ ਘਰੁ ੪॥		Sireeraag Mehalaa 1 Ghar 4 ||	Siree Raag, First Mehl, Fourth House:	
1060	25	ਕੀਤਾ ਕਹਾ ਕਰੇ ਮਨਿ ਮਾਨੁ॥		Keethaa Kehaa Karae Man Maan ||	Why should the created beings feel pride in their minds?	ਪ੍ਰਭੂ ਦਾ ਪੈਦਾ ਕੀਤਾ ਹੋਇਆ ਜੀਵ ਆਪਣੇ ਮਨ ਵਿਚ (ਮਾਇਆ ਦਾ) ਕੀਹ ਮਾਣ ਕਰ ਸਕਦਾ ਹੈ?
1061	25	ਦੇਵਣਹਾਰੇ ਕੈ ਹਥਿ ਦਾਨੁ॥		Dhaevanehaarae Kai Hathh Dhaan ||	The Gift is in the Hands of the Great Giver.	(ਦੁਨੀਆ ਦੇ ਪਦਾਰਥਾਂ ਦੀ) ਵੰਡ (ਦੀ ਤਾਕਤ) ਦਾਤਾਰ ਪ੍ਰਭੂ ਦੇ ਆਪਣੇ ਹੱਥ ਵਿਚ ਹੈ।
1062	25	ਭਾਵੈ ਦੇਇ ਨ ਦੇਈ ਸੋਇ॥		Bhaavai Dhaee N Dhaeee Soe ||	As it pleases Him, He may give, or not give.	ਉਸ ਦੀ ਮਰਜ਼ੀ ਹੈ ਕਿ ਧਨ-ਪਦਾਰਥ ਦੇਵੇ ਜਾਂ ਨਾਹ ਦੇਵੇ।
1063	25	ਕੀਤੇ ਕੈ ਕਹਿਐ ਕਿਆ ਹੋਇ॥੧॥		Keethae Kai Kehiai Kiaa Hoe ||1||	What can be done by the order of the created beings? ||1||	ਪੈਦਾ ਕੀਤੇ ਜੀਵ ਦੇ ਆਖਿਆਂ ਕੁਝ ਨਹੀਂ ਬਣ ਸਕਦਾ ॥੧॥
1064	25	ਆਪੇ ਸਚੁ ਭਾਵੈ ਤਿਸੁ ਸਚੁ॥		Aapae Sach Bhaavai This Sach ||	He Himself is True; Truth is pleasing to His Will.	ਪਰਮਾਤਮਾ ਆਪ ਸਦਾ-ਥਿਰ ਰਹਿਣ ਵਾਲਾ ਹੈ, ਉਸ ਨੂੰ ਸਦਾ-ਥਿਰ ਰਹਿਣ ਵਾਲਾ (ਆਪਣਾ ਨਾਮ) ਹੀ ਪਸੰਦ ਆਉਂਦਾ ਹੈ।

1065	25	ਅੰਧਾ ਕਚਾ ਕਚੁਨਿ ਕਚੁ॥੧॥ਰਹਾਉ॥	ਕੱਚੁਨਿ ਕੱਚੁ। (ਦੂਜਾ ਪਾਠ: ਕਚੁ ਨਿਕਚੁ)	Andhhaa Kachaa Kach Nikach ||1|| Rehaao ||	The spiritually blind are unripe and imperfect, inferior and worthless. ||1||Pause||	ਪਰ ਗਿਆਨ-ਹੀਣ ਜੀਵ (ਮਾਇਆ ਦੀ ਮਲਕੀਅਤ ਦੇ ਕਾਰਨ) ਹੋਛਾ ਹੈ, ਸਦਾ ਹੋਛਾ ਹੀ ਟਿਕਿਆ ਰਹਿੰਦਾ ਹੈ (ਪ੍ਰਭੂ ਨੂੰ ਇਹ ਹੋਛਾ-ਪਨ ਪਸੰਦ ਨਹੀਂ ਆ ਸਕਦਾ) ॥੧॥ ਰਹਾਉ ॥
1066	25	ਜਾ ਕੇ ਰੁਖ ਬਿਰਖ ਆਰਾਉ॥	(ਆਰਾਉ) ਆਸਰੇ। ਰੁੱਖ	Jaa Kae Rukh Birakh Aaraao ||	The One who owns the trees of the forest and the plants of the garden	ਜਿਸ ਪਰਮਾਤਮਾ ਦੇ (ਪੈਦਾ ਕੀਤੇ ਹੋਏ ਇਹ) ਰੁੱਖ ਬਿਰਖ ਹਨ ਉਹ ਹੀ ਇਹਨਾਂ ਨੂੰ ਸਜਾਵਟ ਦੇਂਦਾ ਹੈ।
1067	25	ਜੇਹੀ ਧਾਤੁ ਤੇਹਾ ਤਿਨ ਨਾਉ॥		Jaehee Dhhaath Thaehaa Thin Naao ||	According to their nature, He gives them all their names.	ਜਿਹੋ ਜਿਹਾ ਰੁੱਖਾਂ ਦਾ ਅਸਲਾ ਹੈ, ਤਿਹੋ ਜਿਹਾ ਉਹਨਾਂ ਦਾ ਨਾਮ ਪੈ ਜਾਂਦਾ ਹੈ (ਉਹੋ ਜਿਹੇ ਉਹਨਾਂ ਨੂੰ ਫੁੱਲ ਫਲ ਪੈਂਦੇ ਹਨ)।
1068	25	ਫੁਲੁ ਭਾਉ ਫਲੁ ਲਿਖਿਆ ਪਾਇ॥		Ful Bhaao Fal Likhiaa Paae ||	The Flower and the Fruit of the Lord's Love are obtained by pre-ordained destiny.	(ਇਸੇ ਤਰ੍ਹਾਂ ਜਿਹੋ ਜਿਹੀ) ਭਾਵਨਾ ਦਾ ਫੁੱਲ (ਕਿਸੇ ਮਨੁੱਖ ਦੇ ਅੰਦਰ ਹੈ) ਉਸੇ ਅਨੁਸਾਰ ਉਸ ਨੂੰ ਜੀਵਨ-ਫਲ ਲੱਗਦਾ ਹੈ। (ਉਸ ਦਾ ਜੀਵਨ ਬਣਦਾ ਹੈ)।
1069	25	ਆਪਿ ਬੀਜਿ ਆਪੇ ਹੀ ਖਾਇ॥੨॥		Aap Beej Aapae Hee Khaae ||2||	As we plant, so we harvest and eat. ||2||	ਹਰੇਕ ਮਨੁੱਖ ਜੋ ਕੁਝ ਆਪ ਬੀਜਦਾ ਹੈ ਆਪ ਹੀ ਖਾਂਦਾ ਹੈ (ਜਿਹੋ ਜਿਹੇ ਕਰਮ ਕਰਦਾ ਹੈ, ਵੈਸਾ ਹੀ ਉਸ ਦਾ ਜੀਵਨ ਉਸਰਦਾ ਹੈ) ॥੨॥

1070	25	ਕਚੀ ਕੰਧ ਕਚਾ ਵਿਚਿ ਰਾਜੁ॥		Kachee Kandhh Kachaa Vich Raaj ||	The wall of the body is temporary, as is the soul-mason within it.	ਜਿਸ ਮਨੁੱਖ ਦੇ ਅੰਦਰ ਅੰਞਾਣ ਮਨ (ਜੀਵਨ-ਉਸਾਰੀ ਕਰਨ ਵਾਲਾ) ਰਾਜ-ਕਾਰੀਗਰ ਹੈ, ਉਸ ਦੀ ਜੀਵਨ- ਉਸਾਰੀ ਦੀ ਕੰਧ ਭੀ ਕੱਚੀ (ਕਮਜ਼ੋਰ) ਹੀ ਬਣਦੀ ਹੈ।
1071	25	ਮਤਿ ਅਲੂਣੀ ਫਿਕਾ ਸਾਦੁ॥		Math Aloonee Fikaa Saadh ||	The flavor of the intellect is bland and insipid without the Salt.	ਉਸ ਦੀ ਅਕਲ ਭੀ ਫਿੱਕੀ ਤੇ ਉਸ ਦਾ ਸਾਰਾ ਜੀਵਨ ਭੀ ਫਿੱਕਾ (ਬੇ-ਰਸਾ) ਹੀ ਰਹਿੰਦਾ ਹੈ।
1072	25	ਨਾਨਕ ਆਣੇ ਆਵੈ ਰਾਸਿ॥		Naanak Aanae Aavai Raas ||	O Nanak, as He wills, He makes things right.	(ਪਰ ਜੀਵ ਦੇ ਕੀਹ ਵੱਸ?) ਹੇ ਨਾਨਕ! ਜੇ ਪ੍ਰਭੂ ਆਪ ਜੀਵ ਦੇ ਜੀਵਨ ਨੂੰ ਸੁਧਾਰੇ ਤਾਂ ਹੀ ਸੁਧਰਦਾ ਹੈ।
1073	25	ਵਿਣੁ ਨਾਵੈ ਨਾਹੀ ਸਾਬਾਸਿ॥੩॥੩੨॥		Vin Naavai Naahee Saabaas ||3||32||	Without the Name, no one is approved. ||3||32||	(ਨਹੀਂ ਤਾਂ) ਪ੍ਰਭੂ ਦੇ ਨਾਮ ਤੋਂ ਵਾਂਜੇ ਰਹਿ ਕੇ ਉਸ ਦੀ ਹਜ਼ੂਰੀ ਵਿਚ ਆਦਰ ਨਹੀਂ ਮਿਲਦਾ ॥੩॥੩੨॥
1074	25	ਸਿਰੀਰਾਗੁ ਮਹਲਾ ੧ ਘਰੁ ੫॥		Sireeraag Mehalaa 1 Ghar 5 ||	Siree Raag, First Mehl, Fifth House:	
1075	25	ਅਛਲ ਛਲਾਈ ਨਹ ਛਲੈ ਨਹ ਘਾਉ ਕਟਾਰਾ ਕਰਿ ਸਕੈ॥	ਅ-ਛਲ: ਪੋਲਾ ਬੋਲੋ	Ashhal Shhalaaee Neh Shhalai Neh Ghaao Kattaaraa Kar Sakai ||	The Undeceiveable is not deceived by deception. He cannot be wounded by any dagger.	ਅਛਲ ਮਾਇਆ-ਜਿਸ ਨੂੰ ਕੋਈ ਛਲਣ ਦਾ ਜਤਨ ਕਰੇ ਤਾਂ ਛਲੀ ਨਹੀਂ ਜਾਂਦੀ, ਜਿਸ ਨੂੰ ਕਿਸੇ ਦੀ ਕਟਾਰ ਕੋਈ ਜ਼ਖ਼ਮ ਨਹੀਂ ਕਰ ਸਕਦੀ (ਜਿਸ ਨੂੰ ਕੋਈ ਮਾਰ-ਮੁਕਾ ਨਹੀਂ ਸਕਦਾ) ਦੇ ਅੱਗੇ ਲੋਭੀ ਜੀਵ ਦਾ ਮਨ ਡੋਲ ਜਾਂਦਾ ਹੈ।

1076	25	ਜਿਉ ਸਾਹਿਬੁ ਰਾਖੈ ਤਿਉ ਰਹੈ ਇਸੁ ਲੋਭੀ ਕਾ ਜੀਉ ਟਲ ਪਲੈ॥੧॥	(ਟਲ) ਉਲਟ ਪੈਂਦਾ ਹੈ। (ਪਲੈ) ਪਲ-ਪਲ ਚ	Jio Saahib Raakhai Thio Rehai Eis Lobhee Kaa Jeeo Ttal Palai ||1||	As our Lord and Master keeps us, so do we exist. The soul of this greedy person is tossed this way and that. ||1||	ਮਾਲਕ ਪ੍ਰਭੂ ਦੀ ਰਜ਼ਾ ਇਸੇ ਤਰ੍ਹਾਂ ਦੀ ਹੈ (ਭਾਵ, ਜਗਤ ਵਿਚ ਨਿਯਮ ਹੀ ਇਹ ਹੈ ਕਿ ਜਿਥੇ ਨਾਮ ਨਹੀਂ, ਉਥੇ ਮਨ ਮਾਇਆ ਅੱਗੇ ਡੋਲ ਜਾਂਦਾ ਹੈ) ॥੧॥
1077	25	ਬਿਨੁ ਤੇਲ ਦੀਵਾ ਕਿਉ ਜਲੈ॥੧॥ਰਹਾਉ॥		Bin Thael Dheevaa Kio Jalai ||1|| Rehaao ||	Without the oil, how can the lamp be lit? ||1||Pause||	(ਸਿਮਰਨ ਦੇ) ਤੇਲ ਤੋਂ ਬਿਨਾ (ਆਤਮਕ ਜੀਵਨ ਦਾ) ਦੀਵਾ ਕਿਵੇਂ ਟਹਕਦਾ ਰਹਿ ਸਕੇ? (ਮਾਇਆ- ਮੋਹ ਦੀ ਹਨੇਰੀ ਦੇ ਝੋਂਕੇ ਜਿੰਦ ਨੂੰ ਅਡੋਲ ਨਹੀਂ ਰਹਿਣ ਦੇਂਦੇ)॥੧॥ਰਹਾਉ॥
1078	25	ਪੋਥੀ ਪੁਰਾਣ ਕਮਾਈਐ॥		Pothhee Puraan Kamaaeeai ||	Let the reading of your prayer book be the oil,	ਧਰਮ ਪੁਸਤਕਾਂ ਅਨੁਸਾਰ ਜੀਵਨ ਬਣਾਈਏ (-ਇਹ ਹੋਵੇ ਤੇਲ),
1079	25	ਭਉ ਵਟੀ ਇਤੁ ਤਨਿ ਪਾਈਐ॥	(ਵੱਟੀ) ਬੱਤੀ	Bho Vattee Eith Than Paaeeai ||	And let the Fear of God be the wick for the lamp of this body.	ਪਰਮਾਤਮਾ ਦਾ ਡਰ-ਇਹ ਸਰੀਰ (-ਦੀਵੇ) ਵਿਚ ਵੱਟੀ ਪਾ ਦੇਈਏ,
1080	25	ਸਚੁ ਬੂਝਣੁ ਆਣਿ ਜਲਾਈਐ॥੨॥		Sach Boojhan Aan Jalaaeeai ||2||	Light this lamp with the understanding of Truth. ||2||	ਪਰਮਾਤਮਾ ਨਾਲ ਡੂੰਘੀ ਸਾਂਝ (-ਇਹ ਅੱਗ) ਲਿਆ ਕੇ ਬਾਲੀਏ ॥੨॥
1081	25	ਇਹੁ ਤੇਲੁ ਦੀਵਾ ਇਉ ਜਲੈ॥		Eihu Thael Dheevaa Eio Jalai ||	Use this oil to light this lamp.	ਇਹ ਨਾਮ-ਤੇਲ ਹੋਵੇ, ਤਾਹੀਏਂ ਇਹ ਜੀਵਨ ਦਾ ਦੀਵਾ ਟਹਕਦਾ ਹੈ।

1082	25	ਕਰਿ ਚਾਨਣੁ ਸਾਹਿਬ ਤਉ ਮਿਲੈ॥੧॥ਰਹਾਉ॥		Kar Chaanan Saahib Tho Milai ||1|| Rehaao ||	Light it, and meet your Lord and Master. ||1||Pause||	(ਹੇ ਭਾਈ!) ਪ੍ਰਭੂ ਦੇ ਨਾਮ ਦਾ ਚਾਨਣ ਕਰ, ਤਦੋਂ ਹੀ ਮਾਲਕ-ਪ੍ਰਭੂ ਦਾ ਦਰਸ਼ਨ ਹੁੰਦਾ ਹੈ ॥੧॥ ਰਹਾਉ ॥
1083	25	ਇਤੁ ਤਨਿ ਲਾਗੈ ਬਾਣੀਆ॥	(ਬਾਣੀਆ) ਗੁਰਬਾਣੀ	Eith Than Laagai Baaneeaa ||	This body is softened with the Word of the Guru's Bani;	(ਜਿਸ ਮਨੁੱਖ ਨੂੰ) ਇਸ ਸਰੀਰ ਵਿਚ ਗੁਰੂ ਦਾ ਉਪਦੇਸ਼ ਅਸਰ ਕਰਦਾ ਹੈ,
1084	25	ਸੁਖੁ ਹੋਵੈ ਸੇਵ ਕਮਾਣੀਆ॥		Sukh Hovai Saev Kamaaneeaa ||	You shall find peace, doing seva (selfless service).	(ਪ੍ਰਭੂ ਦੀ) ਸੇਵਾ ਕਰਨ ਨਾਲ (ਸਿਮਰਨ ਕਰਨ ਨਾਲ) ਉਸ ਨੂੰ ਆਤਮਕ ਆਨੰਦ ਮਿਲਦਾ ਹੈ,
1085	26	ਸਭ ਦੁਨੀਆ ਆਵਣ ਜਾਣੀਆ॥੩॥		Sabh Dhuneeaa Aavan Jaaneeaa ||3||	All the world continues coming and going in reincarnation. ||3||	ਜਗਤ ਉਸ ਨੂੰ ਨਾਸਵੰਤ ਦਿੱਸਦਾ ਹੈ ॥੩॥
1086	26	ਵਿਚਿ ਦੁਨੀਆ ਸੇਵ ਕਮਾਈਐ॥		Vich Dhuneeaa Saev Kamaaeeai ||	In the midst of this world, do seva,	(ਹੇ ਭਾਈ!) ਦੁਨੀਆ ਵਿਚ (ਆ ਕੇ) ਪ੍ਰਭੂ ਦੀ ਸੇਵਾ (ਸਿਮਰਨ) ਕਰਨੀ ਚਾਹੀਦੀ ਹੈ।
1087	26	ਤਾ ਦਰਗਹ ਬੈਸਣੁ ਪਾਈਐ॥		Thaa Dharageh Baisan Paaeeai ||	And you shall be given a place of honor in the Court of the Lord.	ਤਦੋਂ ਹੀ ਉਸ ਦੀ ਹਜ਼ੂਰੀ ਵਿਚ ਬੈਠਣ ਨੂੰ ਥਾਂ ਮਿਲਦਾ ਹੈ।
1088	26	ਕਹੁ ਨਾਨਕ ਬਾਹ ਲੁਡਾਈਐ॥੪॥੩੩॥	ਪੂਰਨ ਗੁਰੂ ਜੀ ਨੂੰ ਬਾਂਹ ਫੜਾਉਣ ਰੂਪ ਬਾਂਹ(ਲੁਡਾਈਐ) ਫ਼ੈਲਾਉਣਾ ਕਰੀਏ	Kahu Naanak Baah Luddaaeeai ||4||33||	Says Nanak, swing your arms in joy! ||4||33||	ਨਾਨਕ ਆਖਦਾ ਹੈ- (ਸਿਮਰਨ ਦੀ ਬਰਕਤਿ ਨਾਲ) ਬੇ-ਫ਼ਿਕਰ ਹੋ ਜਾਈਦਾ ਹੈ। (ਕੋਈ ਚਿੰਤਾ-ਸੋਗ ਨਹੀਂ ਵਿਆਪਦਾ) ॥੪॥੩੩॥

1089	26	ਸਿਰੀਰਾਗੁ ਮਹਲਾ ੩ ਘਰੁ ੧		Sireeraag Mehalaa 3 Ghar 1	Siree Raag, Third Mehl, First House:	
1090	26	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
1091	26	ਹਉ ਸਤਿਗੁਰੁ ਸੇਵੀ ਆਪਣਾ ਇਕ ਮਨਿ ਇਕ ਚਿਤਿ ਭਾਇ॥		Ho Sathigur Saevee Aapanaa Eik Man Eik Chith Bhaae ||	I serve my True Guru with single-minded devotion, and lovingly focus my consciousness on Him.	ਮੈਂ ਇਕਾਗ੍ਰ ਮਨ ਹੋ ਕੇ ਇਕਾਗ੍ਰ ਚਿੱਤ ਹੋ ਕੇ ਪ੍ਰੇਮ ਨਾਲ ਆਪਣੇ ਸਤਿਗੁਰੂ ਦੀ ਸਰਨ ਲੈਂਦਾ ਹਾਂ।
1092	26	ਸਤਿਗੁਰੁ ਮਨ ਕਾਮਨਾ ਤੀਰਥੁ ਹੈ ਜਿਸ ਨੋ ਦੇਇ ਬੁਝਾਇ॥	ਸਤਿਗੁਰੁ ਜੀ, ਸ਼ੁਭ ਮਨੋ ਕਾਮਨਾਂ ਪੂਰੀਆਂ ਕਰਨ ਵਾਲੇ ਬ੍ਰਹਮ ਸਰੂਪ ਤੀਰਥੁ ਹਨ, ਮਨੀਕਰਨ ਤੀਰਥ ਮਨੋ ਕਾਮਨਾ ਪੂਰੀਆਂ ਨਹੀਂ ਕਰ ਸਕਦਾ, ਗੁਰਸੇਵਕ ਜੀ ਨੇ ਗੁਰੂ ਤੀਰਥਾਂ ਤੋਂ ਬਿਨਾ ਹੋਰ ਕਿਸੇ ਭੀ ਤੀਰਥ ਤੇ ਨਹੀਂ ਜਾਣਾ। ਬੁੱਝਾਇ	Sathigur Man Kaamanaa Theerathh Hai Jis No Dhaee Bujhaae ||	The True Guru is the mind's desire and the sacred shrine of pilgrimage, for those unto whom He has given this understanding.	ਸਤਿਗੁਰੂ ਮਨ ਦੀਆਂ ਇੱਛਾਂ ਪੂਰੀਆਂ ਕਰਨ ਵਾਲਾ ਤੀਰਥ ਹੈ (ਪਰ ਇਹ ਸਮਝ ਉਸ ਮਨੁੱਖ ਨੂੰ ਆਉਂਦੀ ਹੈ) ਜਿਸ ਨੂੰ (ਗੁਰੂ ਆਪ) ਸਮਝਾਏ।

1093	26	ਮਨ ਚਿੰਦਿਆ ਵਰੁ ਪਾਵਣਾ ਜੋ ਇਛੈ ਸੋ ਫਲੁ ਪਾਇ॥		Man Chindhiaa Var Paavanaa Jo Eishhai So Fal Paae ||	The blessings of the wishes of the mind are obtained, and the fruits of one's desires.	(ਗੁਰੂ ਪਾਸੋਂ) ਮਨ-ਇੱਛਤ ਮੰਗ ਮਿਲ ਜਾਂਦੀ ਹੈ, ਮਨੁੱਖ ਜੋ ਇੱਛਾ ਧਾਰਦਾ ਹੈ ਉਹੀ ਫਲ ਹਾਸਲ ਕਰ ਲੈਂਦਾ ਹੈ।
1094	26	ਨਾਉ ਧਿਆਈਐ ਨਾਉ ਮੰਗੀਐ ਨਾਮੇ ਸਹਜਿ ਸਮਾਇ॥੧॥		Naao Dhhiaaeeai Naao Mangeeai Naamae Sehaj Samaae ||1||	Meditate on the Name, worship the Name, and through the Name, you shall be absorbed in intuitive peace and poise. ||1||	(ਪਰ) ਪਰਮਾਤਮਾ ਦਾ ਨਾਮ ਹੀ ਸਿਮਰਨਾ ਚਾਹੀਦਾ ਹੈ ਤੇ (ਗੁਰੂ ਪਾਸੋਂ) ਨਾਮ ਹੀ ਮੰਗਣਾ ਚਾਹੀਦਾ ਹੈ। ਨਾਮ ਵਿਚ ਜੁੜਿਆ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਜਾਂਦਾ ਹੈ ॥੧॥
1095	26	ਮਨ ਮੇਰੇ ਹਰਿ ਰਸੁ ਚਾਖੁ ਤਿਖ ਜਾਇ॥	ਤਿਖ:ਪੋਲਾ ਬੋਲੋ। (ਤਿਖ) ਤੇਹ	Man Maerae Har Ras Chaakh Thikh Jaae ||	O my mind, drink in the Sublime Essence of the Lord, and your thirst shall be quenched.	ਹੇ ਮੇਰੇ ਮਨ! ਪਰਮਾਤਮਾ (ਦੇ ਨਾਮ) ਦਾ ਸੁਆਦ ਚੱਖ, (ਤੇਰੀ ਮਾਇਆ ਵਾਲੀ) ਤ੍ਰਿਸ਼ਨਾ ਦੂਰ ਹੋ ਜਾਏਗੀ।
1096	26	ਜਿਨੀ ਗੁਰਮੁਖਿ ਚਾਖਿਆ ਸਹਜੇ ਰਹੇ ਸਮਾਇ॥੧॥ਰਹਾਉ॥		Jinee Guramukh Chaakhiaa Sehajae Rehae Samaae ||1|| Rehaao ||	Those Gurmukhs who have tasted it remain intuitively absorbed in the Lord. ||1||Pause||	ਜਿਨ੍ਹਾਂ ਬੰਦਿਆਂ ਨੇ ਗੁਰੂ ਦੀ ਸਰਨ ਪੈ ਕੇ 'ਹਰਿ ਰਸ' ਚੱਖਿਆ, ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ ॥੧॥ ਰਹਾਉ ॥

1097	26	ਜਿਨੀ ਸਤਿਗੁਰੁ ਸੇਵਿਆ ਤਿਨੀ ਪਾਇਆ ਨਾਮੁ ਨਿਧਾਨੁ॥		Jinee Sathigur Saeviaa Thinee Paaeiaa Naam Nidhhaan ||	Those who serve the True Guru obtain the Treasure of the Naam.	ਜਿਨ੍ਹਾਂ ਬੰਦਿਆਂ ਨੇ ਸਤਿਗੁਰੂ ਦੀ ਸਰਨ ਲਈ ਹੈ, ਉਹਨਾਂ ਨੇ (ਸਭ ਪਦਾਰਥਾਂ ਦਾ) ਖ਼ਜ਼ਾਨਾ ਪ੍ਰਭੂ-ਨਾਮ ਪ੍ਰਾਪਤ ਕਰ ਲਿਆ ਹੈ।
1098	26	ਅੰਤਰਿ ਹਰਿ ਰਸੁ ਰਵਿ ਰਹਿਆ ਚੂਕਾ ਮਨਿ ਅਭਿਮਾਨੁ॥		Anthar Har Ras Rav Rehiaa Chookaa Man Abhimaan ||	Deep within, they are drenched with the Essence of the Lord, and the egotistical pride of the mind is subdued.	ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ-ਰਸ ਰਚ ਗਿਆ ਹੈ। ਉਹਨਾਂ ਦੇ ਮਨ ਵਿਚੋਂ ਅਹੰਕਾਰ ਦੂਰ ਹੋ ਗਿਆ ਹੈ।
1099	26	ਹਿਰਦੈ ਕਮਲੁ ਪ੍ਰਗਾਸਿਆ ਲਾਗਾ ਸਹਜਿ ਧਿਆਨੁ॥		Hiradhai Kamal Pragaasiaa Laagaa Sehaj Dhhiaan ||	The heart-lotus blossoms forth, and they intuitively center themselves in meditation.	ਉਹਨਾਂ ਦੇ ਹਿਰਦੇ ਦਾ ਕੌਲ-ਫੁੱਲ ਖਿੜ ਪਿਆ ਹੈ। ਉਹਨਾਂ ਦੀ ਸੁਰਤ ਆਤਮਕ ਅਡੋਲਤਾ ਵਿਚ ਲੱਗ ਗਈ ਹੈ।
1100	26	ਮਨੁ ਨਿਰਮਲੁ ਹਰਿ ਰਵਿ ਰਹਿਆ ਪਾਇਆ ਦਰਗਹਿ ਮਾਨੁ॥੨॥		Man Niramal Har Rav Rehiaa Paaeiaa Dharagehi Maan ||2||	Their minds become pure, and they remain immersed in the Lord; they are honored in His Court. ||2||	ਉਹਨਾਂ ਦਾ ਪਵਿਤ੍ਰ (ਹੋ ਚੁਕਾ) ਮਨ ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਦਾ ਹੈ, ਉਹਨਾਂ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਮਿਲਦਾ ਹੈ ॥੨॥
1101	26	ਸਤਿਗੁਰੁ ਸੇਵਨਿ ਆਪਣਾ ਤੇ ਵਿਰਲੇ ਸੰਸਾਰਿ॥		Sathigur Saevan Aapanaa Thae Viralae Sansaar ||	Those who serve the True Guru in this world are very rare.	(ਪਰ) ਜਗਤ ਵਿਚ ਉਹ ਬੰਦੇ ਵਿਰਲੇ ਹਨ ਜੇਹੜੇ ਪਿਆਰੇ ਸਤਿਗੁਰੂ ਦੀ ਸਰਨ ਲੈਂਦੇ ਹਨ,

1102	26	ਹਉਮੈ ਮਮਤਾ ਮਾਰਿ ਕੈ ਹਰਿ ਰਾਖਿਆ ਉਰ ਧਾਰਿ॥	(ਉਰ) ਰਿਦੇ	Houmai Mamathaa Maar Kai Har Raakhiaa Our Dhaar ||	Those who keep the Lord enshrined in their hearts subdue egotism and possessiveness.	ਜੇਹੜੇ ਹਉਮੈ ਨੂੰ ਤੇ ਮਲਕੀਅਤ ਦੀ ਲਾਲਸਾ ਨੂੰ ਮਾਰ ਕੇ ਆਪਣੇ ਹਿਰਦੇ ਵਿਚ ਪਰਮਾਤਮਾ ਨੂੰ ਟਿਕਾਂਦੇ ਹਨ।
1103	26	ਹਉ ਤਿਨ ਕੈ ਬਲਿਹਾਰਣੈ ਜਿਨਾ ਨਾਮੇ ਲਗਾ ਪਿਆਰੁ॥		Ho Thin Kai Balihaaranai Jinaa Naamae Lagaa Piaar ||	I am a sacrifice to those who are in love with the Naam.	ਮੈਂ ਉਹਨਾਂ ਬੰਦਿਆਂ ਤੋਂ ਸਦਕੇ ਹਾਂ ਜਿਨ੍ਹਾਂ ਦਾ ਪਰਮਾਤਮਾ ਦੇ ਨਾਮ ਵਿਚ ਹੀ ਪ੍ਰੇਮ ਬਣਿਆ ਰਹਿੰਦਾ ਹੈ।
1104	26	ਸੇਈ ਸੁਖੀਏ ਚਹੁ ਜੁਗੀ ਜਿਨਾ ਨਾਮੁ ਅਖੁਟੁ ਅਪਾਰੁ॥੩॥	(ਅ-ਖੁੱਟੁ) ਮੁੱਕਣ ਰਹਿਤ। ਜੁੱਗੀਂ	Saeee Sukheeeae Chahu Jugee Jinaa Naam Akhutt Apaar ||3||	Those who attain the Inexhaustible Name of the Infinite Lord remain happy throughout the four ages. ||3||	ਉਹੀ ਬੰਦੇ ਸਦਾ ਸੁਖੀ ਰਹਿੰਦੇ ਹਨ ਜਿਨ੍ਹਾਂ ਦੇ ਪਾਸ ਕਦੇ ਨਾਹ ਮੁੱਕਣ ਵਾਲਾ ਬੇਅੰਤ ਨਾਮ (ਦਾ ਖ਼ਜ਼ਾਨਾ) ਹੈ ॥੩॥
1105	26	ਗੁਰ ਮਿਲਿਐ ਨਾਮੁ ਪਾਈਐ ਚੂਕੈ ਮੋਹ ਪਿਆਸ॥		Gur Miliai Naam Paaeeai Chookai Moh Piaas ||	Meeting with the Guru, the Naam is obtained, and the thirst of emotional attachment departs.	ਜੇ ਗੁਰੂ ਮਿਲ ਪਏ ਤਾਂ ਪਰਮਾਤਮਾ ਦਾ ਨਾਮ ਪ੍ਰਾਪਤ ਹੋ ਜਾਂਦਾ ਹੈ, (ਨਾਮ ਦੀ ਬਰਕਤਿ ਨਾਲ) ਮਾਇਆ ਦਾ ਮੋਹ ਦੂਰ ਹੋ ਜਾਂਦਾ ਹੈ, ਮਾਇਆ ਦੀ ਤ੍ਰਿਸ਼ਨਾ ਮੁੱਕ ਜਾਂਦੀ ਹੈ।

1106	26	ਹਰਿ ਸੇਤੀ ਮਨੁ ਰਵਿ ਰਹਿਆ ਘਰ ਹੀ ਮਾਹਿ ਉਦਾਸੁ॥		Har Saethee Man Rav Rehiaa Ghar Hee Maahi Oudhaas ||	When the mind is permeated with the Lord, one remains detached within the home of the heart.	ਮਨੁੱਖ ਦਾ ਮਨ ਪਰਮਾਤਮਾ (ਦੀ ਯਾਦ) ਨਾਲ ਇਕ-ਮਿਕ ਹੋਇਆ ਰਹਿੰਦਾ ਹੈ, ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ (ਮਾਇਆ ਵਲੋਂ) ਉਪਰਾਮ ਰਹਿੰਦਾ ਹੈ।
1107	26	ਜਿਨਾ ਹਰਿ ਕਾ ਸਾਦੁ ਆਇਆ ਹਉ ਤਿਨ ਬਲਿਹਾਰੈ ਜਾਸੁ॥		Jinaa Har Kaa Saadh Aaeiaa Ho Thin Balihaarai Jaas ||	I am a sacrifice to those who enjoy the Sublime Taste of the Lord.	ਮੈਂ ਉਹਨਾਂ ਬੰਦਿਆਂ ਤੋਂ ਵਾਰਨੇ ਜਾਂਦਾ ਹਾਂ ਜਿਨ੍ਹਾਂ ਨੂੰ ਪਰਮਾਤਮਾ ਦੇ ਨਾਮ ਦਾ ਸੁਆਦ ਆ ਗਿਆ ਹੈ।
1108	26	ਨਾਨਕ ਨਦਰੀ ਪਾਈਐ ਸਚੁ ਨਾਮੁ ਗੁਣਤਾਸੁ॥੪॥੧॥੩੪॥	(ਗੁਣਤਾਸੁ) ਗੁਣਾਂ ਦਾ ਖਜ਼ਾਨਾ	Naanak Nadharee Paaeeai Sach Naam Gunathaas ||4||1||34||	O Nanak, by His Glance of Grace, the True Name, the Treasure of Excellence, is obtained. ||4||1||34||	ਹੇ ਨਾਨਕ! ਪਰਮਾਤਮਾ ਦੀ ਮਿਹਰ ਦੀ ਨਜ਼ਰ ਨਾਲ ਹੀ ਪਰਮਾਤਮਾ ਦਾ ਸਦਾ-ਥਿਰ ਰਹਿਣ ਵਾਲਾ ਤੇ ਸਾਰੇ ਗੁਣਾਂ ਦਾ ਖ਼ਜ਼ਾਨਾ ਨਾਮ ਪ੍ਰਾਪਤ ਹੁੰਦਾ ਹੈ ॥੪॥੧॥੩੪॥
1109	26	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1110	26	ਬਹੁ ਭੇਖ ਕਰਿ ਭਰਮਾਈਐ ਮਨਿ ਹਿਰਦੈ ਕਪਟੁ ਕਮਾਇ॥		Bahu Bhaekh Kar Bharamaaeeai Man Hiradhai Kapatt Kamaae ||	People wear all sorts of costumes and wander all around, but in their hearts and minds, they practice deception.	ਬਹੁਤੇ ਧਾਰਮਿਕ ਪਹਿਰਾਵੇ ਪਹਿਨ ਕੇ (ਦੂਜਿਆਂ ਨੂੰ ਠੱਗਣ ਲਈ ਆਪਣੇ) ਮਨ ਵਿਚ ਹਿਰਦੇ ਵਿਚ ਖੋਟ ਕਮਾ ਕੇ (ਆਪ ਹੀ) ਭਟਕਣਾ ਵਿਚ ਪੈ ਜਾਈਦਾ ਹੈ।

1111	26	ਹਰਿ ਕਾ ਮਹਲੁ ਨ ਪਾਵਈ ਮਰਿ ਵਿਸਟਾ ਮਾਹਿ ਸਮਾਇ॥੧॥		Har Kaa Mehal N Paavee Mar Visattaa Maahi Samaae ||1||	They do not attain the Mansion of the Lord's Presence, and after death, they sink into manure. ||1||	(ਜੇਹੜਾ ਮਨੁੱਖ ਇਹ ਵਿਖਾਵਾ ਠੱਗੀ ਕਰਦਾ ਹੈ ਉਹ) ਪਰਮਾਤਮਾ ਦੀ ਹਜ਼ੂਰੀ ਪ੍ਰਾਪਤ ਨਹੀਂ ਕਰ ਸਕਦਾ, (ਉਹ ਸਗੋਂ) ਆਤਮਕ ਮੌਤ ਸਹੇੜ ਕੇ (ਠੱਗੀ ਆਦਿਕ ਵਿਕਾਰਾਂ ਦੇ) ਗੰਦ ਵਿਚ ਫਸਿਆ ਰਹਿੰਦਾ ਹੈ ॥੧॥
1112	26	ਮਨ ਰੇ ਗ੍ਰਿਹ ਹੀ ਮਾਹਿ ਉਦਾਸੁ॥	ਗ੍ਰਿਹ	Man Rae Grih Hee Maahi Oudhaas ||	O mind, remain detached in the midst of your household.	ਹੇ (ਮੇਰੇ) ਮਨ! ਗ੍ਰਿਹਸਤ ਵਿਚ (ਰਹਿੰਦਾ ਹੋਇਆ) ਹੀ (ਮਾਇਆ ਦੇ ਮੋਹ ਵਲੋਂ) ਨਿਰਲੇਪ (ਰਹੁ)।
1113	26	ਸਚੁ ਸੰਜਮੁ ਕਰਣੀ ਸੋ ਕਰੇ ਗੁਰਮੁਖਿ ਹੋਇ ਪਰਗਾਸੁ॥੧॥ਰਹਾਉ ॥		Sach Sanjam Karanee So Karae Guramukh Hoe Paragaas ||1|| Rehaao ||	Practicing truth, self-discipline and good deeds, the Gurmukh is enlightened. ||1||Pause||	(ਪਰ ਜਿਸ ਮਨੁੱਖ ਦੇ ਹਿਰਦੇ ਵਿਚ) ਗੁਰੂ ਦੀ ਸਰਨ ਪੈ ਕੇ ਸੂਝ ਪੈਦਾ ਹੁੰਦੀ ਹੈ ਉਹ ਮਨੁੱਖ (ਹੀ) ਸਦਾ-ਥਿਰ ਪ੍ਰਭੂ-ਨਾਮ ਸਿਮਰਨ ਦੀ ਕਮਾਈ ਕਰਦਾ ਹੈ, ਤੇ ਵਿਕਾਰਾਂ ਵਲੋਂ ਸੰਕੋਚ ਕਰਦਾ ਹੈ (ਇਸ ਵਾਸਤੇ, ਹੇ ਮਨ! ਗੁਰੂ ਦੀ ਸਰਨ ਪੈ ਕੇ ਇਹ ਕਰਨ-ਜੋਗ ਕੰਮ ਕਰਨ ਦੀ ਜਾਚ ਸਿੱਖ) ॥੧॥ ਰਹਾਉ ॥

1114	26	ਗੁਰ ਕੈ ਸਬਦਿ ਮਨੁ ਜੀਤਿਆ ਗਤਿ ਮੁਕਤਿ ਘਰੈ ਮਹਿ ਪਾਇ॥		Gur Kai Sabadh Man Jeethiaa Gath Mukath Gharai Mehi Paae ||	Through the Word of the Guru's Shabad, the mind is conquered, and one attains the State of Liberation in one's own home.	ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਣੇ ਮਨ ਨੂੰ ਵੱਸ ਵਿਚ ਕਰ ਲਿਆ ਹੈ, ਉਹ ਗ੍ਰਿਹਸਤ ਵਿਚ ਰਹਿੰਦਿਆਂ ਹੀ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ, ਵਿਕਾਰਾਂ ਤੋਂ ਖ਼ਲਾਸੀ ਪਾ ਲੈਂਦਾ ਹੈ।
1115	26	ਹਰਿ ਕਾ ਨਾਮੁ ਧਿਆਈਐ ਸਤਿਸੰਗਤਿ ਮੇਲਿ ਮਿਲਾਇ॥੨॥		Har Kaa Naam Dhhiaaeeai Sathasangath Mael Milaae ||2||	So meditate on the Name of the Lord; join and merge with the Sat Sangat, the True Congregation. ||2||	(ਇਸ ਵਾਸਤੇ, ਹੇ ਮਨ!) ਸਾਧ ਸੰਗਤਿ ਦੇ ਇਕੱਠ ਵਿਚ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ ॥੨॥
1116	26	ਜੇ ਲਖ ਇਸਤਰੀਆ ਭੋਗ ਕਰਹਿ ਨਵ ਖੰਡ ਰਾਜੁ ਕਮਾਹਿ॥	ਲੱਖ	Jae Lakh Eisathareeaa Bhog Karehi Nav Khandd Raaj Kamaahi ||	You may enjoy the pleasures of hundreds of thousands of women, and rule the nine continents of the world.	(ਹੇ ਭਾਈ!) ਜੇ ਤੂੰ (ਕਾਮ-ਵਾਸਨਾ ਪੂਰੀ ਕਰਨ ਲਈ) ਲੱਖ ਇਸਤ੍ਰੀਆਂ ਭੀ ਭੋਗ ਲਏਂ, ਜੇ ਤੂੰ ਸਾਰੀ ਧਰਤੀ ਦਾ ਰਾਜ ਭੀ ਕਰ ਲਏਂ,
1117	26	ਬਿਨੁ ਸਤਗੁਰ ਸੁਖੁ ਨ ਪਾਵਈ ਫਿਰਿ ਫਿਰਿ ਜੋਨੀ ਪਾਹਿ॥੩॥		Bin Sathigur Sukh N Paavee Fir Fir Jonee Paahi ||3||	But without the True Guru, you will not find peace; you will be reincarnated over and over again. ||3||	ਤਾਂ ਭੀ ਸਤਿਗੁਰ ਦੀ ਸਰਨ ਤੋਂ ਬਿਨਾ ਆਤਮਕ ਸੁਖ ਨਹੀਂ ਲੱਭ ਸਕੇਂਗਾ, (ਸਗੋਂ) ਮੁੜ ਮੁੜ ਜੂਨਾਂ ਵਿਚ ਪਿਆ ਰਹੇਂਗਾ ॥੩॥

1118	26	ਹਰਿ ਹਾਰੁ ਕੰਠਿ ਜਿਨੀ ਪਹਿਰਿਆ ਗੁਰ ਚਰਣੀ ਚਿਤੁ ਲਾਇ॥		Har Haar Kanth Jinee Pehiriaa Gur Charanee Chith Laae ||	Those who wear the Necklace of the Lord around their necks, and focus their consciousness on the Guru's Feet	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਚਰਨਾਂ ਵਿਚ ਚਿੱਤ ਜੋੜ ਕੇ ਪਰਮਾਤਮਾ ਦੇ ਨਾਮ-ਸਿਮਰਨ ਦਾ ਹਾਰ ਆਪਣੇ ਗਲ ਵਿਚ ਪਹਿਨ ਲਿਆ ਹੈ,
1119	26	ਤਿਨਾ ਪਿਛੈ ਰਿਧਿ ਸਿਧਿ ਫਿਰੈ ਓਨਾ ਤਿਲੁ ਨ ਤਮਾਇ॥੪॥	(ਤਮਾਇ) ਇੱਛਾ	Thinaa Pishhai Ridhh Sidhh Firai Ounaa Thil N Thamaae ||4||	-wealth and supernatural spiritual powers follow them, but they do not care for such things at all. ||4||	ਕਰਾਮਾਤੀ ਤਾਕਤ ਉਹਨਾਂ ਦੇ ਪਿੱਛੇ ਪਿੱਛੇ ਤੁਰੀ ਫਿਰਦੀ ਹੈ, ਪਰ ਉਹਨਾਂ ਨੂੰ ਉਸ ਦਾ ਰਤਾ ਭਰ ਭੀ ਲਾਲਚ ਨਹੀਂ ਹੁੰਦਾ ॥੪॥
1120	26	ਜੋ ਪ੍ਰਭ ਭਾਵੈ ਸੋ ਥੀਐ ਅਵਰੁ ਨ ਕਰਣਾ ਜਾਇ॥		Jo Prabh Bhaavai So Thheeai Avar N Karanaa Jaae ||	Whatever pleases God's Will comes to pass. Nothing else can be done.	(ਪਰ ਅਸਾਂ ਜੀਵਾਂ ਦੇ ਕੀਹ ਵੱਸ?) ਹੇ ਪ੍ਰਭੂ! ਜੋ ਕੁਝ ਤੈਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ, (ਤੇਰੀ ਮਰਜ਼ੀ ਤੋਂ ਲਾਂਭੇ) ਹੋਰ ਕੁਝ ਕੀਤਾ ਨਹੀਂ ਜਾ ਸਕਦਾ।
1121	26	ਜਨੁ ਨਾਨਕੁ ਜੀਵੈ ਨਾਮੁ ਲੈ ਹਰਿ ਦੇਵਹੁ ਸਹਜਿ ਸੁਭਾਇ॥੫॥੨॥੩੫॥		Jan Naanak Jeevai Naam Lai Har Dhaevahu Sehaj Subhaae ||5||2||35||	Servant Nanak lives by chanting the Naam. O Lord, please give it to me, in Your Natural Way. ||5||2||35||	ਹੇ ਹਰੀ! (ਮੈਨੂੰ) ਆਪਣਾ ਨਾਮ ਬਖ਼ਸ਼, ਤਾਕਿ ਆਤਮਕ ਅਡੋਲਤਾ ਵਿਚ ਟਿਕ ਕੇ, ਤੇਰੇ ਪ੍ਰੇਮ ਵਿਚ ਜੁੜ ਕੇ (ਤੇਰਾ) ਦਾਸ ਨਾਨਕ (ਤੇਰਾ) ਨਾਮ ਸਿਮਰ ਕੇ ਆਤਮਕ ਜੀਵਨ ਪ੍ਰਾਪਤ ਕਰ ਸਕੇ ॥੫॥੨॥੩੫॥
1122	27	ਸਿਰੀਰਾਗੁ ਮਹਲਾ ੩ ਘਰੁ ੧॥		Sireeraag Mehalaa 3 Ghar 1 ||	Siree Raag, Third Mehl, First House:	

1123	27	ਜਿਸ ਹੀ ਕੀ ਸਿਰਕਾਰ ਹੈ ਤਿਸ ਹੀ ਕਾ ਸਭੁ ਕੋਇ॥	(ਸਿਰਕਾਰ) ਪਾਤਿਸ਼ਾਹੀ	Jis Hee Kee Sirakaar Hai This Hee Kaa Sabh Koe ||	Everyone belongs to the One who rules the Universe.	(ਜਿਸ ਦੇਸ ਵਿਚ) ਜਿਸ (ਬਾਦਸ਼ਾਹ) ਦੀ ਹਕੂਮਤ ਹੋਵੇ (ਉਸ ਦੇਸ ਦਾ) ਹਰੇਕ ਜੀਵ ਉਸੇ (ਬਾਦਸ਼ਾਹ) ਦਾ ਹੋ ਕੇ ਰਹਿੰਦਾ ਹੈ।
1124	27	ਗੁਰਮੁਖਿ ਕਾਰ ਕਮਾਵਣੀ ਸਚੁ ਘਟਿ ਪਰਗਟੁ ਹੋਇ॥		Guramukh Kaar Kamaavanee Sach Ghatt Paragatt Hoe ||	The Gurmukh practices good deeds, and the truth is revealed in the heart.	(ਇਸੇ ਤਰ੍ਹਾਂ ਜੇ) ਗੁਰੂ ਦੇ ਸਨਮੁਖ ਹੋ ਕੇ ਕਾਰ ਕੀਤੀ ਜਾਏ ਤਾਂ ਸਦਾ-ਥਿਰ ਰਹਿਣ ਵਾਲਾ ਪ੍ਰਭੂ ਹਿਰਦੇ ਵਿਚ ਪਰਗਟ ਹੋ ਜਾਂਦਾ ਹੈ।
1125	27	ਅੰਤਰਿ ਜਿਸ ਕੈ ਸਚੁ ਵਸੈ ਸਚੇ ਸਚੀ ਸੋਇ॥	(ਸੋਇ) ਸੋਭਾ	Anthar Jis Kai Sach Vasai Sachae Sachee Soe ||	True is the reputation of the true, within whom truth abides.	(ਤੇ ਗੁਰੂ ਦੇ ਸਨਮੁਖ ਹੋ ਕੇ) ਜਿਸ ਮਨੁੱਖ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਪਰਗਟ ਹੋ ਜਾਏ ਉਹ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦਾ ਹੈ, ਤੇ ਉਹ ਸਦਾ-ਥਿਰ ਸੋਭਾ ਪਾਂਦਾ ਹੈ।
1126	27	ਸਚਿ ਮਿਲੇ ਸੇ ਨ ਵਿਛੁੜਹਿ ਤਿਨ ਨਿਜ ਘਰਿ ਵਾਸਾ ਹੋਇ॥੧॥		Sach Milae Sae N Vishhurrehi Thin Nij Ghar Vaasaa Hoe ||1||	Those who meet the True Lord are not separated again; they come to dwell in the home of the self deep within. ||1||	ਜੇਹੜੇ ਬੰਦੇ ਸਦਾ-ਥਿਰ ਪ੍ਰਭੂ ਵਿਚ ਜੁੜੇ ਰਹਿੰਦੇ ਹਨ, ਉਹ ਉਸ ਤੋਂ ਮੁੜ ਕਦੇ ਵਿੱਛੁੜਦੇ ਨਹੀਂ, ਉਹਨਾਂ ਦਾ ਨਿਵਾਸ ਸਦਾ ਆਪਣੇ ਅੰਤਰ ਆਤਮੇ ਵਿਚ ਰਹਿੰਦਾ ਹੈ ॥੧॥
1127	27	ਮੇਰੇ ਰਾਮ ਮੈ ਹਰਿ ਬਿਨੁ ਅਵਰੁ ਨ ਕੋਇ॥		Maerae Raam Mai Har Bin Avar N Koe ||	O my Lord! Without the Lord, I have no other at all.	ਹੇ ਮੇਰੇ ਰਾਮ! ਪ੍ਰਭੂ ਤੋਂ ਬਿਨਾ ਮੇਰਾ ਹੋਰ ਕੋਈ ਆਸਰਾ ਨਹੀਂ ਹੈ।

1128	27	ਸਤਗੁਰੁ ਸਚੁ ਪ੍ਰਭੁ ਨਿਰਮਲਾ ਸਬਦਿ ਮਿਲਾਵਾ ਹੋਇ॥੧॥ਰਹਾਉ॥		Sathagur Sach Prabh Niramalaa Sabadh Milaavaa Hoe ||1|| Rehaao ||	The True Guru leads us to meet the Immaculate True God through the Word of His Shabad. ||1||Pause||	(ਹੇ ਭਾਈ!) ਉਸ ਪ੍ਰਭੂ ਦੇ ਨਾਲ ਮਿਲਾਪ ਉਸ ਗੁਰੂ ਦੇ ਸ਼ਬਦ ਵਿਚ ਜੁੜਿਆਂ ਹੀ ਹੋ ਸਕਦਾ ਹੈ, ਜੋ ਪਵਿਤ੍ਰ ਸਰੂਪ ਹੈ ਤੇ ਜੋ ਸਦਾ-ਥਿਰ ਪ੍ਰਭੂ ਦਾ ਰੂਪ ਹੈ ॥੧॥ ਰਹਾਉ ॥
1129	27	ਸਬਦਿ ਮਿਲੈ ਸੋ ਮਿਲਿ ਰਹੈ ਜਿਸ ਨਉ ਆਪੇ ਲਏ ਮਿਲਾਇ॥		Sabadh Milai So Mil Rehai Jis No Aapae Leae Milaae ||	One whom the Lord merges into Himself is merged in the Shabad, and remains so merged.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ, ਉਹ ਪ੍ਰਭੂ-ਚਰਨਾਂ ਵਿਚ ਜੁੜਿਆ ਰਹਿੰਦਾ ਹੈ। (ਪਰ ਉਹੀ ਮਨੁੱਖ ਮਿਲਦਾ ਹੈ) ਜਿਸ ਨੂੰ ਪਰਮਾਤਮਾ ਆਪ ਹੀ (ਆਪਣੇ ਚਰਨਾਂ ਵਿਚ) ਮਿਲਾਂਦਾ ਹੈ।
1130	27	ਦੂਜੈ ਭਾਇ ਕੋ ਨਾ ਮਿਲੈ ਫਿਰਿ ਫਿਰਿ ਆਵੈ ਜਾਇ॥		Dhoojai Bhaae Ko Naa Milai Fir Fir Aavai Jaae ||	No one merges with Him through the love of duality; over and over again, they come and go in reincarnation.	(ਪ੍ਰਭੂ ਨੂੰ ਵਿਸਾਰ ਕੇ) ਕਿਸੇ ਹੋਰ (ਮਾਇਆ ਆਦਿਕ) ਦੇ ਪਿਆਰ ਵਿਚ ਰਿਹਾਂ ਕੋਈ ਮਨੁੱਖ ਪਰਮਾਤਮਾ ਨੂੰ ਨਹੀਂ ਮਿਲ ਸਕਦਾ, ਉਹ ਤਾਂ ਮੁੜ ਮੁੜ ਜੰਮਦਾ ਮਰਦਾ ਰਹਿੰਦਾ ਹੈ।
1131	27	ਸਭ ਮਹਿ ਇਕੁ ਵਰਤਦਾ ਏਕੋ ਰਹਿਆ ਸਮਾਇ॥		Sabh Mehi Eik Varathadhaa Eaeko Rehiaa Samaae ||	The One Lord permeates all. The One Lord is pervading everywhere.	(ਭਾਵੇਂ) ਸਭ ਜੀਵਾਂ ਵਿਚ ਪਰਮਾਤਮਾ ਹੀ ਵੱਸਦਾ ਹੈ, ਤੇ ਹਰ ਥਾਂ ਪਰਮਾਤਮਾ ਹੀ ਮੌਜੂਦ ਹੈ,

1132	27	ਜਿਸ ਨਉ ਆਪਿ ਦਇਆਲੁ ਹੋਇ ਸੋ ਗੁਰਮੁਖਿ ਨਾਮਿ ਸਮਾਇ॥੨॥		Jis No Aap Dhaeiaal Hoe So Guramukh Naam Samaae ||2||	That Gurmukh, unto whom the Lord shows His Kindness, is absorbed in the Naam, the Name of the Lord. ||2||	ਫਿਰ ਭੀ ਉਹੀ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਉਸ ਦੇ ਨਾਮ ਵਿਚ ਲੀਨ ਹੁੰਦਾ ਹੈ ਜਿਸ ਉੱਤੇ ਪ੍ਰਭੂ ਆਪ ਦਇਆਵਾਨ ਹੋਵੇ ॥੨॥
1133	27	ਪੜਿ ਪੜਿ ਪੰਡਿਤ ਜੋਤਕੀ ਵਾਦ ਕਰਹਿ ਬੀਚਾਰੁ॥	(ਜੋਤਕੀ) ਜੋਤਸ਼ੀ। (ਵਾਦ) ਝਗੜਾ। ਪੜਿ	Parr Parr Panddith Jothakee Vaadh Karehi Beechaar ||	After all their reading, the Pandits, the religious scholars, and the astrologers argue and debate.	ਪੰਡਿਤ ਤੇ ਜੋਤਸ਼ੀ ਲੋਕ (ਸ਼ਾਸਤਰ) ਪੜ੍ਹ ਪੜ੍ਹ ਕੇ (ਨਿਰੀਆਂ) ਬਹਸਾਂ ਦਾ ਹੀ ਵਿਚਾਰ ਕਰਦੇ ਹਨ,
1134	27	ਮਤਿ ਬੁਧਿ ਭਵੀ ਨ ਬੁਝਈ ਅੰਤਰਿ ਲੋਭ ਵਿਕਾਰੁ॥	ਬੁੱਧਿ। (ਭਵੀ) ਬੇਮੁਖ। ਬੁੱਝਈ	Math Budhh Bhavee N Bujhee Anthar Lobh Vikaar ||	Their intellect and understanding are perverted; they just don't understand. They are filled with greed and corruption.	(ਇਸ ਤਰ੍ਹਾਂ) ਉਹਨਾਂ ਦੀ ਮਤਿ ਉਹਨਾਂ ਦੀ ਅਕਲ ਕੁਰਾਹੇ ਪੈ ਜਾਂਦੀ ਹੈ, ਉਹ (ਜੀਵਨ ਦੇ ਸਹੀ ਰਸਤੇ ਨੂੰ) ਨਹੀਂ ਸਮਝਦੇ ਉਹਨਾਂ ਦੇ ਅੰਦਰ ਲੋਭ ਦਾ ਵਿਕਾਰ (ਪ੍ਰਬਲ ਹੁੰਦਾ) ਹੈ।
1135	27	ਲਖ ਚਉਰਾਸੀਹ ਭਰਮਦੇ ਭ੍ਰਮਿ ਭ੍ਰਮਿ ਹੋਇ ਖੁਆਰੁ॥	ਲੱਖ	Lakh Chouraaseeh Bharamadhae Bhram Bhram Hoe Khuaar ||	Through 8.4 million incarnations they wander lost and confused; through all their wandering and roaming, they are ruined.	ਉਹ (ਮਾਇਆ ਪਿੱਛੇ) ਭਟਕ ਭਟਕ ਕੇ (ਲੋਭ-ਲਹਰ ਵਿਚ) ਖ਼ੁਆਰ ਹੋ ਹੋ ਕੇ ਚੌਰਾਸੀ ਲੱਖ ਜੂਨਾਂ ਦੇ ਗੇੜ ਵਿਚ ਭਟਕਦੇ ਰਹਿੰਦੇ ਹਨ।

1136	27	ਪੂਰਬਿ ਲਿਖਿਆ ਕਮਾਵਣਾ ਕੋਇ ਨ ਮੇਟਣਹਾਰੁ॥੩॥		Poorab Likhiaa Kamaavanaa Koe N Maettanehaar ||3||	They act according to their pre-ordained destiny, which no one can erase. ||3||	ਪਰ ਉਹਨਾਂ ਦੇ ਭੀ ਕੀਹ ਵੱਸ? ਪੂਰਬਲੇ ਜੀਵਨ ਵਿਚ ਕੀਤੇ ਕਰਮਾਂ ਦੇ ਉਕਰੇ ਸੰਸਕਾਰਾਂ ਅਨੁਸਾਰ ਹੀ ਕਮਾਈ ਕਰੀਦੀ ਹੈ, ਕੋਈ (ਆਪਣੇ ਉੱਦਮ ਨਾਲ ਉਹਨਾਂ ਸੰਸਕਾਰਾਂ ਨੂੰ) ਮਿਟਾ ਨਹੀਂ ਸਕਦਾ ॥੩॥
1137	27	ਸਤਗੁਰ ਕੀ ਸੇਵਾ ਗਾਖੜੀ ਸਿਰੁ ਦੀਜੈ ਆਪੁ ਗਵਾਇ॥		Sathagur Kee Saevaa Gaakharree Sir Dheejai Aap Gavaae ||	It is very difficult to serve the True Guru. Surrender your head; give up your selfishness.	(ਇਹ ਸੰਸਕਾਰ ਮਿਟਦੇ ਹਨ ਗੁਰੂ ਦੀ ਸਰਨ ਪਿਆਂ, ਪਰ) ਗੁਰੂ ਦੀ ਦੱਸੀ ਸੇਵਾ ਬੜੀ ਔਖੀ ਹੈ, ਆਪਾ-ਭਾਵ ਗਵਾ ਕੇ ਸਿਰ ਦੇਣਾ ਪੈਂਦਾ ਹੈ।
1138	27	ਸਬਦਿ ਮਿਲਹਿ ਤਾ ਹਰਿ ਮਿਲੈ ਸੇਵਾ ਪਵੈ ਸਭ ਥਾਇ॥		Sabadh Milehi Thaa Har Milai Saevaa Pavai Sabh Thhaae ||	Realizing the Shabad, one meets with the Lord, and all one's service is accepted.	ਜਦੋਂ ਕੋਈ ਜੀਵ ਗੁਰੂ ਦੇ ਸ਼ਬਦ ਵਿਚ ਜੁੜਦੇ ਹਨ, ਤਾਂ ਉਹਨਾਂ ਨੂੰ ਪਰਮਾਤਮਾ ਮਿਲ ਪੈਂਦਾ ਹੈ, ਉਹਨਾਂ ਦੀ ਸੇਵਾ ਕਬੂਲ ਹੋ ਜਾਂਦੀ ਹੈ।
1139	27	ਪਾਰਸਿ ਪਰਸਿਐ ਪਾਰਸੁ ਹੋਇ ਜੋਤੀ ਜੋਤਿ ਸਮਾਇ॥		Paaras Parasiai Paaras Hoe Jothee Joth Samaae ||	By personally experiencing the Personality of the Guru, one's own personality is uplifted, and one's light merges into the Light.	(ਗੁਰੂ-) ਪਾਰਸ ਨੂੰ ਮਿਲਿਆਂ ਪਾਰਸ ਹੀ ਹੋ ਜਾਈਦਾ ਹੈ। (ਗੁਰੂ ਦੀ ਸਹੈਤਾ ਨਾਲ) ਪਰਮਾਤਮਾ ਦੀ ਜੋਤਿ ਵਿਚ ਮਨੁੱਖ ਦੀ ਜੋਤਿ ਮਿਲ ਜਾਂਦੀ ਹੈ।

1140	27	ਜਿਨ ਕਉ ਪੂਰਬਿ ਲਿਖਿਆ ਤਿਨ ਸਤਗੁਰੁ ਮਿਲਿਆ ਆਇ॥੪॥		Jin Ko Poorab Likhiaa Thin Sathagur Miliaa Aae ||4||	Those who have such pre-ordained destiny come to meet the True Guru. ||4||	ਪਰ ਗੁਰੂ ਭੀ ਉਹਨਾਂ ਨੂੰ ਹੀ ਮਿਲਦਾ ਹੈ, ਜਿਹਨਾਂ ਦੇ ਭਾਗਾਂ ਵਿਚ ਧੁਰੋਂ (ਬਖ਼ਸ਼ਸ਼ ਦਾ ਲੇਖ) ਲਿਖਿਆ ਹੋਇਆ ਹੋਵੇ ॥੪॥
1141	27	ਮਨ ਭੁਖਾ ਭੁਖਾ ਮਤ ਕਰਹਿ ਮਤ ਤੂ ਕਰਹਿ ਪੂਕਾਰ॥	ਭੁੱਖਾ ਭੁੱਖਾ	Man Bhukhaa Bhukhaa Math Karehi Math Thoo Karehi Pookaar ||	O mind, don't cry out that you are hungry, always hungry; stop complaining.	ਹੇ (ਮੇਰੇ) ਮਨ! ਹਰ ਵੇਲੇ ਤ੍ਰਿਸ਼ਨਾ ਦੇ ਅਧੀਨ ਨਾਹ ਟਿਕਿਆ ਰਹੁ, ਤੇ ਗਿਲੇ-ਗੁਜ਼ਾਰੀ ਨਾਹ ਕਰਦਾ ਰਹੁ।
1142	27	ਲਖ ਚਉਰਾਸੀਹ ਜਿਨਿ ਸਿਰੀ ਸਭਸੈ ਦੇਇ ਅਧਾਰੁ॥		Lakh Chouraaseeh Jin Siree Sabhasai Dhaee Adhhaar ||	The One who created the 8.4 million species of beings gives sustenance to all.	ਜਿਸ ਪਰਮਾਤਮਾ ਨੇ ਚੌਰਾਸੀ ਲੱਖ ਜੂਨ ਪੈਦਾ ਕੀਤੀ ਹੈ, ਉਹ ਹਰੇਕ ਜੀਵ ਨੂੰ (ਰੋਜ਼ੀ ਦਾ) ਆਸਰਾ (ਭੀ) ਦੇਂਦਾ ਹੈ।
1143	27	ਨਿਰਭਉ ਸਦਾ ਦਇਆਲੁ ਹੈ ਸਭਨਾ ਕਰਦਾ ਸਾਰ॥		Nirabho Sadhaa Dhaeiaal Hai Sabhanaa Karadhaa Saar ||	The Fearless Lord is forever Merciful; He takes care of all.	ਉਹ ਪ੍ਰਭੂ ਜਿਸ ਨੂੰ ਕਿਸੇ ਦਾ ਡਰ ਨਹੀਂ ਤੇ ਜੋ ਦਇਆ ਦਾ ਸੋਮਾ ਹੈ, ਸਭ ਜੀਵਾਂ ਦੀ ਸੰਭਾਲ ਕਰਦਾ ਹੈ।

1144	27	ਨਾਨਕ ਗੁਰਮੁਖਿ ਬੁਝੀਐ ਪਾਈਐ ਮੋਖ ਦੁਆਰੁ॥੫॥੩॥੩੬॥	ਬੁੱਝੀਐ	Naanak Guramukh Bujheeai Paaeeai Mokh Dhuaar ||5||3||36||	O Nanak, the Gurmukh understands, and finds the Door of Liberation. ||5||3||36||	ਹੇ ਨਾਨਕ! ਗੁਰੂ ਦੀ ਸਰਨ ਪਿਆਂ ਇਹ ਸਮਝ ਆਉਂਦੀ ਹੈ, ਤੇ (ਮਾਇਆ ਦੇ ਬੰਧਨਾਂ ਤੋਂ) ਖ਼ਲਾਸੀ ਦਾ ਰਾਹ ਲੱਭਦਾ ਹੈ ॥੫॥੩॥੩੬॥
1145	27	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1146	27	ਜਿਨੀ ਸੁਣਿ ਕੈ ਮੰਨਿਆ ਤਿਨਾ ਨਿਜ ਘਰਿ ਵਾਸੁ॥	(ਨਿਜ) ਸ਼ੁੱਧ	Jinee Sun Kai Manniaa Thinaa Nij Ghar Vaas ||	Those who hear and believe, find the home of the self deep within.	ਜਿਨ੍ਹਾਂ ਮਨੁੱਖਾਂ ਨੇ (ਪਰਮਾਤਮਾ ਦਾ ਨਾਮ) ਸੁਣ ਕੇ ਮੰਨ ਲਿਆ ਹੈ (ਭਾਵ, ਆਪਣੇ ਮਨ ਨੂੰ ਉਸ ਨਾਮ-ਸਿਮਰਨ ਵਿਚ ਗਿਝਾ ਲਿਆ ਹੈ) ਉਹਨਾਂ ਦਾ ਆਪਣੇ ਅੰਤਰ-ਆਤਮੇ ਨਿਵਾਸ ਬਣਿਆ ਰਹਿੰਦਾ ਹੈ (ਭਾਵ, ਉਹਨਾਂ ਦਾ ਮਨ ਬਾਹਰ ਭਟਕਣੋਂ ਹਟ ਜਾਂਦਾ ਹੈ)।
1147	27	ਗੁਰਮਤੀ ਸਾਲਾਹਿ ਸਚੁ ਹਰਿ ਪਾਇਆ ਗੁਣਤਾਸੁ॥	ਗੁਰਮੱਤੀ	Guramathee Saalaahi Sach Har Paaeiaa Gunathaas ||	Through the Guru's Teachings, they praise the True Lord; they find the Lord, the Treasure of Excellence.	ਗੁਰੂ ਦੀ ਸਿੱਖਿਆ ਅਨੁਸਾਰ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰ ਕੇ ਉਹ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਨੂੰ ਲੱਭ ਲੈਂਦੇ ਹਨ।

1148	27	ਸਬਦਿ ਰਤੇ ਸੇ ਨਿਰਮਲੇ ਹਉ ਸਦ ਬਲਿਹਾਰੈ ਜਾਸੁ॥		Sabadh Rathae Sae Niramalae Ho Sadh Balihaarai Jaas ||	Attuned to the Word of the Shabad, they are immaculate and pure. I am forever a sacrifice to them.	ਜੇਹੜੇ ਬੰਦੇ ਗੁਰੂ ਦੇ ਸ਼ਬਦ ਵਿਚ ਰੰਗੇ ਜਾਂਦੇ ਹਨ, ਉਹ ਪਵਿਤ੍ਰ (ਆਚਰਨ ਵਾਲੇ) ਹੋ ਜਾਂਦੇ ਹਨ। ਮੈਂ ਉਹਨਾਂ ਤੋਂ ਸਦਾ ਸਦਕੇ ਜਾਂਦਾ ਹਾਂ।
1149	27	ਹਿਰਦੈ ਜਿਨ ਕੈ ਹਰਿ ਵਸੈ ਤਿਤੁ ਘਟਿ ਹੈ ਪਰਗਾਸੁ॥੧॥		Hiradhai Jin Kai Har Vasai Thith Ghatt Hai Paragaas ||1||	Those people, within whose hearts the Lord abides, are radiant and enlightened. ||1||	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ, (ਉਹਨਾਂ ਦੇ) ਉਸ ਹਿਰਦੇ ਵਿਚ ਚਾਨਣ ਹੋ ਜਾਂਦਾ ਹੈ (ਭਾਵ, ਸਹੀ ਜੀਵਨ ਜੀਊਣ ਦੀ ਉਹਨਾਂ ਨੂੰ ਸੂਝ ਆ ਜਾਂਦੀ ਹੈ ॥੧॥
1150	27	ਮਨ ਮੇਰੇ ਹਰਿ ਹਰਿ ਨਿਰਮਲੁ ਧਿਆਇ॥		Man Maerae Har Har Niramal Dhhiaae ||	O my mind, meditate on the Immaculate Lord, Har, Har.	ਹੇ ਮੇਰੇ ਮਨ! ਪਵਿਤ੍ਰ ਹਰਿ-ਨਾਮ ਸਿਮਰ।
1151	27	ਧੁਰਿ ਮਸਤਕਿ ਜਿਨ ਕਉ ਲਿਖਿਆ ਸੇ ਗੁਰਮੁਖਿ ਰਹੇ ਲਿਵ ਲਾਇ॥੧॥ਰਹਾਉ॥		Dhhur Masathak Jin Ko Likhiaa Sae Guramukh Rehae Liv Laae ||1|| Rehaao ||	Those whose have such pre-ordained destiny written on their foreheads-those Gurmukhs remain absorbed in the Lord's Love. ||1||Pause||	ਧੁਰੋਂ (ਪਰਮਾਤਮਾ ਦੀ ਹਜ਼ੂਰੀ ਵਿਚੋਂ) ਜਿਨ੍ਹਾਂ ਬੰਦਿਆਂ ਨੂੰ ਆਪਣੇ ਮੱਥੇ ਉੱਤੇ (ਸਿਮਰਨ ਦਾ ਲੇਖ) ਲਿਖਿਆ (ਮਿਲ ਜਾਂਦਾ) ਹੈ, ਉਹ ਗੁਰੂ ਦੀ ਸਰਨ ਪੈ ਕੇ (ਪਰਮਾਤਮਾ ਦੀ ਯਾਦ ਵਿਚ) ਸੁਰਤ ਜੋੜੀ ਰੱਖਦੇ ਹਨ ॥੧॥ ਰਹਾਉ ॥

1152	27	ਹਰਿ ਸੰਤਹੁ ਦੇਖਹੁ ਨਦਰਿ ਕਰਿ ਨਿਕਟਿ ਵਸੈ ਭਰਪੂਰਿ॥		Har Santhahu Dhaekhahu Nadhar Kar Nikatt Vasai Bharapoor ||	O Saints, see clearly that the Lord is near at hand; He is pervading everywhere.	ਹੇ ਪ੍ਰਭੂ ਦੇ ਸੰਤ ਜਨੋ! ਧਿਆਨ ਨਾਲ ਵੇਖੋ, ਪਰਮਾਤਮਾ ਹਰ ਥਾਂ ਵਿਆਪਕ, ਹਰੇਕ ਦੇ ਨੇੜੇ ਵੱਸਦਾ ਹੈ।
1153	27	ਗੁਰਮਤਿ ਜਿਨੀ ਪਛਾਣਿਆ ਸੇ ਦੇਖਹਿ ਸਦਾ ਹਦੂਰਿ॥	(ਹਦੂਰਿ) ਅੰਗ ਸੰਗ	Guramath Jinee Pashhaaniaa Sae Dhaekhehi Sadhaa Hadhoor ||	Those who follow the Guru's Teachings realize Him, and see Him Ever-present.	ਜਿਨ੍ਹਾਂ ਬੰਦਿਆਂ ਨੇ ਗੁਰੂ ਦੀ ਮਤਿ ਲੈ ਕੇ ਉਸ ਨੂੰ (ਭਰਪੂਰਿ ਵੱਸਦਾ) ਪਛਾਣ ਲਿਆ ਹੈ, ਉਹ ਉਸ ਨੂੰ ਸਦਾ ਆਪਣੇ ਅੰਗ-ਸੰਗ ਵੇਖਦੇ ਹਨ।
1154	27	ਜਿਨ ਗੁਣ ਤਿਨ ਸਦ ਮਨਿ ਵਸੈ ਅਉਗੁਣਵੰਤਿਆ ਦੂਰਿ॥		Jin Gun Thin Sadh Man Vasai Aougunavanthiaa Dhoor ||	He dwells forever in the minds of the virtuous. He is far removed from those worthless people who lack virtue.	ਜਿਨ੍ਹਾਂ ਮਨੁੱਖਾਂ ਨੇ ਗੁਣ ਗ੍ਰਹਿਣ ਕਰ ਲਏ ਹਨ, ਪਰਮਾਤਮਾ ਉਹਨਾਂ ਦੇ ਮਨ ਵਿਚ ਸਦਾ ਵੱਸਦਾ ਹੈ, ਪਰ ਜਿਨ੍ਹਾਂ ਨੇ ਔਗਣ ਵਿਹਾੜੇ ਹੋਏ ਹਨ, ਉਹਨਾਂ ਨੂੰ ਕਿਤੇ ਦੂਰ ਵੱਸਦਾ ਜਾਪਦਾ ਹੈ।
1155	27	ਮਨਮੁਖ ਗੁਣ ਤੈ ਬਾਹਰੇ ਬਿਨੁ ਨਾਵੈ ਮਰਦੇ ਝੂਰਿ॥੨॥	ਤੈ: ਬਿੰਦੀ ਨਹੀਂ ਲਾਉਣੀ	Manamukh Gun Thai Baaharae Bin Naavai Maradhae Jhoor ||2||	The self-willed manmukhs are totally without virtue. Without the Name, they die in frustration. ||2||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਗੁਣਾਂ ਤੋਂ ਸੱਖਣੇ ਰਹਿੰਦੇ ਹਨ, ਉਹ ਪ੍ਰਭੂ ਦੇ ਨਾਮ ਤੋਂ ਬਿਨਾ (ਮਾਇਆ ਦੇ ਝੋਰਿਆਂ ਵਿਚ) ਝੁਰ ਝੁਰ ਕੇ ਆਤਮਕ ਮੌਤ ਸਹੇੜ ਲੈਂਦੇ ਹਨ ॥੨॥

1156	27	ਜਿਨ ਸਬਦਿ ਗੁਰੂ ਸੁਣਿ ਮੰਨਿਆ ਤਿਨ ਮਨਿ ਧਿਆਇਆ ਹਰਿ ਸੋਇ॥		Jin Sabadh Guroo Sun Manniaa Thin Man Dhhiaaeiaa Har Soe ||	Those who hear and believe in the Word of the Guru's Shabad, meditate on the Lord in their minds.	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦਾ ਨਾਮ ਸੁਣ ਕੇ ਮੰਨ ਲਿਆ ਹੈ (ਨਾਮ ਵਿਚ ਆਪਣਾ ਆਪ ਗਿਝਾ ਲਿਆ ਹੈ), ਉਹਨਾਂ ਨੇ ਆਪਣੇ ਮਨ ਵਿਚ ਉਸ ਹਰੀ ਨੂੰ (ਹਰ ਵੇਲੇ) ਸਿਮਰਿਆ ਹੈ।
1157	27	ਅਨ ਦਿਨੁ ਭਗਤੀ ਰਤਿਆ ਮਨੁ ਤਨੁ ਨਿਰਮਲੁ ਹੋਇ॥		Anadhin Bhagathee Rathiaa Man Than Niramal Hoe ||	Night and day, they are steeped in devotion; their minds and bodies become pure.	ਹਰ ਵੇਲੇ ਪ੍ਰਭੂ-ਭਗਤੀ ਵਿਚ ਰੰਗੇ ਹੋਏ ਬੰਦਿਆਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ, ਸਰੀਰ (ਭੀ) ਪਵਿਤ੍ਰ ਹੋ ਜਾਂਦਾ ਹੈ।
1158	27	ਕੂੜਾ ਰੰਗੁ ਕਸੁੰਭ ਕਾ ਬਿਨਸਿ ਜਾਇ ਦੁਖੁ ਰੋਇ॥	(ਕ-ਸੁੰਭ) ਕੱਚੇ ਰੰਗ ਵਾਲਾ ਬੂਟਾ	Koorraa Rang Kasunbh Kaa Binas Jaae Dhukh Roe ||	The color of the world is false and weak; when it washes away, people cry out in pain.	ਕਸੁੰਭੇ ਦਾ ਰੰਗ ਛੇਤੀ ਨਾਸ ਹੋ ਜਾਣ ਵਾਲਾ ਹੈ ਉਹ ਨਾਸ ਹੋ ਜਾਂਦਾ ਹੈ, (ਇਸੇ ਤਰ੍ਹਾਂ ਮਾਇਆ ਦਾ ਸਾਥ ਭੀ ਚਾਰ ਦਿਨਾਂ ਦਾ ਹੈ, ਉਹ ਸਾਥ ਟੁੱਟ ਜਾਂਦਾ ਹੈ, ਤੇ ਉਸ ਦੇ ਮੋਹ ਵਿਚ ਫਸਿਆ ਮਨੁੱਖ ਵਿਛੋੜੇ ਦਾ) ਦੁੱਖ ਦੁਖੀ ਹੋ ਹੋ ਕੇ ਫਰੋਲਦਾ ਹੈ।
1159	27	ਜਿਸੁ ਅੰਦਰਿ ਨਾਮੁ ਪ੍ਰਗਾਸੁ ਹੈ ਓਹੁ ਸਦਾ ਸਦਾ ਥਿਰੁ ਹੋਇ॥੩॥		Jis Andhar Naam Pragaas Hai Ouhu Sadhaa Sadhaa Thhir Hoe ||3||	Those who have the Radiant Light of the Naam within, become steady and stable, forever and ever. ||3||	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ (-ਰੂਪ) ਚਾਨਣ ਹੈ ਉਹ ਸਦਾ ਅਡੋਲ-ਚਿੱਤ ਰਹਿੰਦਾ ਹੈ ॥੩॥

1160	28	ਇਹੁ ਜਨਮੁ ਪਦਾਰਥੁ ਪਾਇ ਕੈ ਹਰਿ ਨਾਮੁ ਨ ਚੇਤੈ ਲਿਵ ਲਾਇ॥		Eihu Janam Padhaarathh Paae Kai Har Naam N Chaethai Liv Laae ||	The blessing of this human life has been obtained, but still, people do not lovingly focus their thoughts on the Name of the Lord.	ਇਹ ਕੀਮਤੀ ਮਨੁੱਖਾ ਜਨਮ ਹਾਸਲ ਕਰ ਕੇ (ਮੂਰਖ ਮਨੁੱਖ) ਸੁਰਤ ਜੋੜ ਕੇ ਪਰਮਾਤਮਾ ਦਾ ਨਾਮ ਨਹੀਂ ਸਿਮਰਦਾ।
1161	28	ਪਗਿ ਖਿਸਿਐ ਰਹਣਾ ਨਹੀ ਆਗੈ ਠਉਰੁ ਨ ਪਾਇ॥	(ਠਉਰੁ) ਟਿਕਾਣਾ। ਪਗਿ ਖਿਸਿਐ: ਪੋਲਾ ਬੋਲੋ-	Pag Khisiai Rehanaa Nehee Aagai Thour N Paae ||	Their feet slip, and they cannot stay here any longer. And in the next world, they find no place of rest at all.	ਪਰ ਜਦੋਂ ਪੈਰ ਤਿਲਕ ਗਿਆ (ਜਦੋਂ ਸਰੀਰ ਢਹਿ ਪਿਆ) ਇੱਥੇ ਜਗਤ ਵਿਚ ਟਿਕਿਆ ਨਹੀਂ ਜਾ ਸਕੇਗਾ (ਨਾਮ ਤੋਂ ਸਖਣੇ ਰਹਿਣ ਕਰਕੇ) ਅਗਾਂਹ ਦਰਗਾਹ ਵਿਚ ਭੀ ਥਾਂ ਨਹੀਂ ਮਿਲਦਾ।
1162	28	ਓਹ ਵੇਲਾ ਹਥਿ ਨ ਆਵਈ ਅੰਤਿ ਗਇਆ ਪਛੁਤਾਇ॥	ਗ-ਇਆ	Ouh Vaelaa Hathh N Aavee Anth Gaeiaa Pashhuthaae ||	This opportunity shall not come again. In the end, they depart, regretting and repenting.	(ਮੌਤ ਆਇਆਂ) ਸਿਮਰਨ ਦਾ ਸਮਾ ਮਿਲ ਨਹੀਂ ਸਕਦਾ। ਆਖ਼ਰ (ਮੂਰਖ ਜੀਵ) ਪਛੁਤਾਂਦਾ ਜਾਂਦਾ ਹੈ।
1163	28	ਜਿਸੁ ਨਦਰਿ ਕਰੇ ਸੋ ਉਬਰੈ ਹਰਿ ਸੇਤੀ ਲਿਵ ਲਾਇ॥੪॥	(ਉੱਬਰੈ) ਬਚ ਜਾਂਦਾ	Jis Nadhar Karae So Oubarai Har Saethee Liv Laae ||4||	Those whom the Lord blesses with His Glance of Grace are saved; they are lovingly attuned to the Lord. ||4||	ਜਿਸ ਮਨੁੱਖ ਉੱਤੇ ਪਰਮਾਤਮਾ ਮਿਹਰ ਦੀ ਨਜ਼ਰ ਕਰਦਾ ਹੈ ਉਹ ਪਰਮਾਤਮਾ (ਦੇ ਚਰਨਾਂ) ਵਿਚ ਸੁਰਤ ਜੋੜ ਕੇ (ਮਾਇਆ ਕਸੁੰਭੇ ਦੇ ਮੋਹ ਤੋਂ) ਬਚ ਜਾਂਦਾ ਹੈ ॥੪॥

1164	28	ਦੇਖਾ ਦੇਖੀ ਸਭ ਕਰੇ ਮਨਮੁਖਿ ਬੂਝ ਨ ਪਾਇ॥		Dhaekhaa Dhaekhee Sabh Karae Manamukh Boojh N Paae ||	They all show off and pretend, but the self-willed manmukhs do not understand.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਸਭ ਕੁਝ ਵਿਖਾਵੇ ਦੀ ਖ਼ਾਤਰ ਕਰਦਾ ਹੈ, ਉਸ ਨੂੰ ਸਹੀ ਜੀਵਨ ਜੀਊਣ ਦੀ ਸਮਝ ਨਹੀਂ ਆਉਂਦੀ।
1165	28	ਜਿਨ ਗੁਰਮੁਖਿ ਹਿਰਦਾ ਸੁਧੁ ਹੈ ਸੇਵ ਪਈ ਤਿਨ ਥਾਇ॥	ਸੁੱਧੁ। (ਥਾਇ) ਪ੍ਰਵਾਨ	Jin Guramukh Hiradhaa Sudhh Hai Saev Pee Thin Thhaae ||	Those Gurmukhs who are pure of heart-their service is accepted.	(ਪਰ) ਗੁਰੂ ਦੇ ਸਨਮੁਖ ਹੋ ਕੇ ਜਿਨ੍ਹਾਂ ਮਨੁੱਖਾਂ ਦਾ ਹਿਰਦਾ ਪਵਿ੍ਤ ਹੋ ਜਾਂਦਾ ਹੈ, ਉਹਨਾਂ ਦੀ ਘਾਲ-ਕਮਾਈ (ਪ੍ਰਭੂ ਦੇ ਦਰ ਤੇ) ਕਬੂਲ ਹੋ ਜਾਂਦੀ ਹੈ।
1166	28	ਹਰਿ ਗੁਣ ਗਾਵਹਿ ਹਰਿ ਨਿਤ ਪੜਹਿ ਹਰਿ ਗੁਣ ਗਾਇ ਸਮਾਇ॥		Har Gun Gaavehi Har Nith Parrehi Har Gun Gaae Samaae ||	They sing the Glorious Praise of the Lord; they read about the Lord each day. Singing the Praise of the Lord, they merge in absorption.	ਉਹ ਮਨੁੱਖ ਹਰੀ ਦੇ ਗੁਣ ਗਾ ਕੇ ਹਰੀ ਦੇ ਚਰਨਾਂ ਵਿਚ ਲੀਨ ਹੋ ਕੇ ਨਿੱਤ ਹਰੀ ਦੇ ਗੁਣ ਗਾਂਦੇ ਹਨ ਤੇ ਪੜ੍ਹਦੇ ਹਨ।
1167	28	ਨਾਨਕ ਤਿਨ ਕੀ ਬਾਣੀ ਸਦਾ ਸਚੁ ਹੈ ਜਿ ਨਾਮਿ ਰਹੇ ਲਿਵ ਲਾਇ॥੫॥੪॥੩੭॥		Naanak Thin Kee Baanee Sadhaa Sach Hai J Naam Rehae Liv Laae ||5||4||37||	O Nanak, the words of those who are lovingly attuned to the Naam are true forever. ||5||4||37||	ਹੇ ਨਾਨਕ! ਜੇਹੜੇ ਮਨੁੱਖ ਪ੍ਰਭੂ ਦੇ ਨਾਮ ਵਿਚ ਸੁਰਤ ਜੋੜੀ ਰੱਖਦੇ ਹਨ, ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਹੀ ਉਹਨਾਂ ਦੀ ਜੀਭ ਤੇ ਸਦਾ ਚੜ੍ਹੀ ਰਹਿੰਦੀ ਹੈ ॥੫॥੪॥੩੭॥{27-28}

1168	28	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1169	28	ਜਿਨੀ ਇਕ ਮਨਿ ਨਾਮੁ ਧਿਆਇਆ ਗੁਰਮਤੀ ਵੀਚਾਰਿ॥		Jinee Eik Man Naam Dhhiaaeiaa Guramathee Veechaar ||	Those who meditate single-mindedly on the Naam, and contemplate the Teachings of the Guru	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਮਤਿ ਦੀ ਰਾਹੀਂ (ਪਰਮਾਤਮਾ ਦੇ ਨਾਮ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾ ਕੇ ਨਾਮ ਨੂੰ ਇਕਾਗ੍ਰ ਮਨ ਨਾਲ ਸਿਮਰਿਆ ਹੈ,
1170	28	ਤਿਨ ਕੇ ਮੁਖ ਸਦ ਉਜਲੇ ਤਿਤੁ ਸਚੈ ਦਰਬਾਰਿ॥	ਉੱਜਲੇ, ਤਿੱਤੁ	Thin Kae Mukh Sadh Oujalae Thith Sachai Dharabaar ||	-their faces are forever radiant in the Court of the True Lord.	ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਦਰਬਾਰ ਵਿਚ ਉਹ ਸਦਾ ਸੁਰਖ਼ਰੂ ਹੁੰਦੇ ਹਨ।
1171	28	ਓਇ ਅੰਮ੍ਰਿਤੁ ਪੀਵਹਿ ਸਦਾ ਸਦਾ ਸਚੈ ਨਾਮਿ ਪਿਆਰਿ॥੧॥		Oue Anmrith Peevehi Sadhaa Sadhaa Sachai Naam Piaar ||1||	They drink in the Ambrosial Nectar forever and ever, and they love the True Name. ||1||	ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਪਿਆਰ ਦੀ ਰਾਹੀਂ ਸਦਾ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦੇ ਹਨ ॥੧॥
1172	28	ਭਾਈ ਰੇ ਗੁਰਮੁਖਿ ਸਦਾ ਪਤਿ ਹੋਇ॥		Bhaaee Rae Guramukh Sadhaa Path Hoe ||	O Siblings of Destiny, the Gurmukhs are honored forever.	ਹੇ ਭਾਈ! ਗੁਰੂ ਦੀ ਸਰਨ ਪਿਆਂ ਸਦਾ ਇੱਜ਼ਤ ਮਿਲਦੀ ਹੈ।
1173	28	ਹਰਿ ਹਰਿ ਸਦਾ ਧਿਆਈਐ ਮਲੁ ਹਉਮੈ ਕਢੈ ਧੋਇ॥੧॥ਰਹਾਉ॥	ਮਲੁ: ਪੋਲਾ ਬੋਲੋ। ਕੱਢੈ	Har Har Sadhaa Dhhiaaeeai Mal Houmai Kadtai Dhhoe ||1|| Rehaao ||	They meditate forever on the Lord, Har, Har, and they wash off the filth of egotism. ||1||Pause||	(ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਸਦਾ ਸਿਮਰਨਾ ਚਾਹੀਦਾ ਹੈ। (ਗੁਰੂ ਮਨੁੱਖ ਦੇ ਮਨ ਵਿਚੋਂ) ਹਉਮੈ ਦੀ ਮੈਲ ਧੋ ਕੇ ਕੱਢ ਦੇਂਦਾ ਹੈ ॥੧॥ ਰਹਾਉ ॥

1174	28	ਮਨਮੁਖ ਨਾਮੁ ਨ ਜਾਣਨੀ ਵਿਣੁ ਨਾਵੈ ਪਤਿ ਜਾਇ॥		Manamukh Naam N Jaananee Vin Naavai Path Jaae ||	The self-willed manmukhs do not know the Naam. Without the Name, they lose their honor.	(ਪਰ) ਆਪਣੇ ਮਨ ਦੇ ਪਿਛੇ ਤੁਰਨ ਵਾਲੇ ਬੰਦੇ ਪਰਮਾਤਮਾ ਦੇ ਨਾਮ ਨਾਲ ਸਾਂਝ ਨਹੀਂ ਪਾਂਦੇ। ਨਾਮ ਤੋਂ ਬਿਨਾ ਉਹਨਾਂ ਦੀ ਇੱਜ਼ਤ ਚਲੀ ਜਾਂਦੀ ਹੈ।
1175	28	ਸਬਦੈ ਸਾਦੁ ਨ ਆਇਓ ਲਾਗੇ ਦੂਜੈ ਭਾਇ॥		Sabadhai Saadh N Aaeiou Laagae Dhoojai Bhaae ||	They do not savor the Taste of the Shabad; they are attached to the love of duality.	ਉਹਨਾਂ ਨੂੰ ਸਤਿਗੁਰੂ ਦੇ ਸ਼ਬਦ ਦਾ ਆਨੰਦ ਨਹੀਂ ਆਉਂਦਾ, (ਇਸ ਵਾਸਤੇ) ਉਹ (ਪ੍ਰਭੂ ਨੂੰ ਵਿਸਾਰ ਕੇ) ਕਿਸੇ ਹੋਰ ਪਿਆਰ ਵਿਚ ਮਸਤ ਰਹਿੰਦੇ ਹਨ।
1176	28	ਵਿਸਟਾ ਕੇ ਕੀੜੇ ਪਵਹਿ ਵਿਚਿ ਵਿਸਟਾ ਸੇ ਵਿਸਟਾ ਮਾਹਿ ਸਮਾਇ॥੨॥	(ਵਿਸਟਾ) ਗੰਦਗੀ	Visattaa Kae Keerrae Pavehi Vich Visattaa Sae Visattaa Maahi Samaae ||2||	They are worms in the filth of manure. They fall into manure, and into manure they are absorbed. ||2||	ਉਹ ਬੰਦੇ (ਵਿਕਾਰਾਂ ਦੇ) ਗੰਦ ਵਿਚ ਲੀਨ ਰਹਿ ਕੇ ਗੰਦ ਦੇ ਕੀੜਿਆਂ ਵਾਂਗ (ਵਿਕਾਰਾਂ ਦੇ) ਗੰਦ ਵਿਚ ਹੀ ਪਏ ਰਹਿੰਦੇ ਹਨ ॥੨॥
1177	28	ਤਿਨ ਕਾ ਜਨਮੁ ਸਫਲੁ ਹੈ ਜੋ ਚਲਹਿ ਸਤਗੁਰ ਭਾਇ॥		Thin Kaa Janam Safal Hai Jo Chalehi Sathagur Bhaae ||	Fruitful are the lives of those who walk in harmony with the Will of the True Guru.	ਜੇਹੜੇ ਮਨੁੱਖ ਗੁਰੂ ਦੇ ਪ੍ਰੇਮ ਵਿਚ ਜੀਵਨ ਬਿਤੀਤ ਕਰਦੇ ਹਨ ਉਹਨਾਂ ਦਾ ਜੀਵਨ ਕਾਮਯਾਬ ਹੋ ਜਾਂਦਾ ਹੈ,
1178	28	ਕੁਲੁ ਉਧਾਰਹਿ ਆਪਣਾ ਧੰਨੁ ਜਣੇਦੀ ਮਾਇ॥	ਕੁਲੁ: ਪੋਲਾ ਬੋਲੋ	Kul Oudhhaarehi Aapanaa Dhhann Janaedhee Maae ||	Their families are saved; blessed are the mothers who gave birth to them.	ਉਹ ਆਪਣਾ ਸਾਰਾ ਖ਼ਾਨਦਾਨ (ਹੀ ਵਿਕਾਰਾਂ ਤੋਂ) ਬਚਾ ਲੈਂਦੇ ਹਨ, ਉਹਨਾਂ ਦੀ ਜੰਮਣ ਵਾਲੀ ਮਾਂ ਸੋਭਾ ਖੱਟਦੀ ਹੈ।

1179	28	ਹਰਿ ਹਰਿ ਨਾਮੁ ਧਿਆਈਐ ਜਿਸ ਨਉ ਕਿਰਪਾ ਕਰੇ ਰਜਾਇ॥੩॥		Har Har Naam Dhhiaaeeai Jis No Kirapaa Karae Rajaae ||3||	By His Will He grants His Grace; those who are so blessed, meditate on the Name of the Lord, Har, Har. ||3||	(ਇਸ ਵਾਸਤੇ, ਹੇ ਭਾਈ!) ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ (ਪਰ ਉਹੀ ਮਨੁੱਖ ਨਾਮ ਸਿਮਰਦਾ ਹੈ) ਜਿਸ ਉੱਤੇ ਪਰਮਾਤਮਾ ਆਪਣੀ ਰਜ਼ਾ ਅਨੁਸਾਰ ਮਿਹਰ ਕਰਦਾ ਹੈ ॥੩॥
1180	28	ਜਿਨੀ ਗੁਰਮੁਖਿ ਨਾਮੁ ਧਿਆਇਆ ਵਿਚਹੁ ਆਪੁ ਗਵਾਇ॥		Jinee Guramukh Naam Dhhiaaeiaa Vichahu Aap Gavaae ||	The Gurmukhs meditate on the Naam; they eradicate selfishness and conceit from within.	ਜਿਨ੍ਹਾਂ ਬੰਦਿਆਂ ਨੇ ਗੁਰੂ ਦੀ ਸਰਨ ਪੈ ਕੇ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਪਰਮਾਤਮਾ ਦਾ ਨਾਮ ਸਿਮਰਿਆ ਹੈ,
1181	28	ਓਇ ਅੰਦਰਹੁ ਬਾਹਰਹੁ ਨਿਰਮਲੇ ਸਚੇ ਸਚਿ ਸਮਾਇ॥		Oue Andharahu Baaharahu Niramalae Sachae Sach Samaae ||	They are pure, inwardly and outwardly; they merge into the Truest of the True.	ਉਹ ਬੰਦੇ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਕੇ ਉਸੇ ਦਾ ਰੂਪ ਬਣ ਕੇ ਅੰਦਰੋਂ ਬਾਹਰੋਂ ਪਵਿਤ੍ਰ ਹੋ ਜਾਂਦੇ ਹਨ (ਭਾਵ, ਉਹਨਾਂ ਦਾ ਆਤਮਕ ਜੀਵਨ ਪਵਿਤ੍ਰ ਹੋ ਜਾਂਦਾ ਹੈ, ਤੇ ਉਹ ਖ਼ਲਕਤ ਨਾਲ ਭੀ ਵਰਤਣ-ਵਿਹਾਰ ਸੁਚੱਜਾ ਰੱਖਦੇ ਹਨ)।

1182	28	ਨਾਨਕ ਆਏ ਸੇ ਪਰਵਾਣੁ ਹਹਿ ਜਿਨ ਗੁਰਮਤੀ ਹਰਿ ਧਿਆਇ॥੪॥੫॥੩੮॥		Naanak Aaeae Sae Paravaan Hehi Jin Guramathee Har Dhhiaae ||4||5||38||	O Nanak, blessed is the coming of those who follow the Guru's Teachings and meditate on the Lord. ||4||5||38||	ਹੇ ਨਾਨਕ! ਜਗਤ ਵਿਚ ਆਏ (ਜੰਮੇ) ਉਹੀ ਬੰਦੇ ਕਬੂਲ ਹਨ ਜਿਨ੍ਹਾਂ ਨੇ ਗੁਰੂ ਦੀ ਮਤਿ ਲੈ ਕੇ ਪਰਮਾਤਮਾ ਦਾ ਨਾਮ ਸਿਮਰਿਆ ਹੈ ॥੪॥੫॥੩੮॥
1183	28	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1184	28	ਹਰਿ ਭਗਤਾ ਹਰਿ ਧਨੁ ਰਾਸਿ ਹੈ ਗੁਰ ਪੂਛਿ ਕਰਹਿ ਵਾਪਾਰੁ॥		Har Bhagathaa Har Dhhan Raas Hai Gur Pooshh Karehi Vaapaar ||	The devotees of the Lord have the Wealth and Capital of the Lord; with Guru's Advice, they carry on their trade.	ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦਿਆਂ ਪਾਸ ਪਰਮਾਤਮਾ ਦਾ ਨਾਮ ਹੀ ਧਨ ਹੈ ਨਾਮ ਹੀ ਸਰਮਾਇਆ ਹੈ, ਉਹ ਆਪਣੇ ਗੁਰੂ ਦੀ ਸਿੱਖਿਆ ਲੈ ਕੇ (ਨਾਮ ਦਾ ਹੀ) ਵਣਜ ਕਰਦੇ ਹਨ।
1185	28	ਹਰਿ ਨਾਮੁ ਸਲਾਹਨਿ ਸਦਾ ਸਦਾ ਵਖਰੁ ਹਰਿ ਨਾਮੁ ਅਧਾਰੁ॥		Har Naam Salaahan Sadhaa Sadhaa Vakhar Har Naam Adhhaar ||	They praise the Name of the Lord forever and ever. The Name of the Lord is their Merchandise and Support.	ਭਗਤ-ਜਨ ਸਦਾ ਪਰਮਾਤਮਾ ਦਾ ਨਾਮ ਸਲਾਹੁੰਦੇ ਹਨ, ਪਰਮਾਤਮਾ ਦਾ ਨਾਮ-ਵੱਖਰ ਹੀ ਉਹਨਾਂ ਦੇ ਜੀਵਨ ਦਾ ਆਸਰਾ ਹੈ।

1186	28	ਗੁਰਿ ਪੂਰੈ ਹਰਿ ਨਾਮੁ ਦ੍ਰਿੜਾਇਆ ਹਰਿ ਭਗਤਾ ਅਤੁਟੁ ਭੰਡਾਰੁ॥੧॥		Gur Poorai Har Naam Dhrirraaeiaa Har Bhagathaa Athutt Bhanddaar ||1||	The Perfect Guru has implanted the Name of the Lord into the Lord's devotees; it is an Inexhaustible Treasure. ||1||	ਪੂਰੇ ਸਤਿਗੁਰੂ ਨੇ ਪਰਮਾਤਮਾ ਦਾ ਨਾਮ ਉਹਨਾਂ ਦੇ ਹਿਰਦੇ ਵਿਚ ਪੱਕਾ ਕਰ ਦਿੱਤਾ ਹੈ, ਪਰਮਾਤਮਾ ਦਾ ਨਾਮ ਹੀ ਉਹਨਾਂ ਪਾਸ ਅਮੁੱਕ ਖ਼ਜ਼ਾਨਾ ਹੈ ॥੧॥
1187	28	ਭਾਈ ਰੇ ਇਸੁ ਮਨ ਕਉ ਸਮਝਾਇ॥		Bhaaee Rae Eis Man Ko Samajhaae ||	O Siblings of Destiny, instruct your minds in this way.	ਹੇ ਭਾਈ! (ਆਪਣੇ) ਇਸ ਮਨ ਨੂੰ ਸਮਝਾ (ਤੇ ਆਖ-)
1188	28	ਏ ਮਨ ਆਲਸੁ ਕਿਆ ਕਰਹਿ ਗੁਰਮੁਖਿ ਨਾਮੁ ਧਿਆਇ॥੧॥ਰਹਾਉ ॥		Eae Man Aalas Kiaa Karehi Guramukh Naam Dhhiaae ||1|| Rehaao ||	O mind, why are you so lazy? Become Gurmukh, and meditate on the Naam. ||1||Pause||	ਹੇ ਮਨ! ਕਿਉਂ ਆਲਸ ਕਰਦਾ ਹੈਂ? ਗੁਰੂ ਦੀ ਸਰਨ ਪੈ ਕੇ (ਪਰਮਾਤਮਾ ਦਾ) ਨਾਮ ਸਿਮਰ ॥੧॥ ਰਹਾਉ ॥
1189	28	ਹਰਿ ਭਗਤਿ ਹਰਿ ਕਾ ਪਿਆਰੁ ਹੈ ਜੇ ਗੁਰਮੁਖਿ ਕਰੇ ਬੀਚਾਰੁ॥		Har Bhagath Har Kaa Piaar Hai Jae Guramukh Karae Beechaar ||	Devotion to the Lord is love for the Lord. The Gurmukh reflects deeply and contemplates.	ਜੇ ਮਨੁੱਖ ਗੁਰੂ ਦੀ ਸਰਨ ਪੈ ਕੇ (ਗੁਰੂ ਦੀ ਦਿੱਤੀ ਸਿੱਖਿਆ ਦੀ) ਵਿਚਾਰ ਕਰਦਾ ਰਹੇ ਤਾਂ ਉਸ ਦੇ ਅੰਦਰ ਪਰਮਾਤਮਾ ਦੀ ਭਗਤੀ ਵੱਸ ਪੈਂਦੀ ਹੈ, ਪਰਮਾਤਮਾ ਦਾ ਪਿਆਰ ਟਿਕ ਜਾਂਦਾ ਹੈ।
1190	28	ਪਾਖੰਡਿ ਭਗਤਿ ਨ ਹੋਵਈ ਦੁਬਿਧਾ ਬੋਲੁ ਖੁਆਰੁ॥		Paakhandd Bhagath N Hovee Dhubidhhaa Bol Khuaar ||	Hypocrisy is not devotion-speaking words of duality leads only to misery.	ਪਰ ਪਖੰਡ ਕੀਤਿਆਂ ਭਗਤੀ ਨਹੀਂ ਹੋ ਸਕਦੀ, ਪਖੰਡ ਦਾ ਬੋਲ ਖ਼ੁਆਰ ਹੀ ਕਰਦਾ ਹੈ।

1191	28	ਸੋ ਜਨੁ ਰਲਾਇਆ ਨਾ ਰਲੈ ਜਿਸੁ ਅੰਤਰਿ ਬਿਬੇਕ ਬੀਚਾਰੁ॥੨॥	(ਬਿਬੇਕ) ਸੱਤ ਅਸੱਤ ਦਾ ਨਿਰਣਾ	So Jan Ralaaeiaa Naa Ralai Jis Anthar Bibaek Beechaar ||2||	Those humble beings who are filled with keen understanding and meditative contemplation-even though they intermingle with others, they remain distinct. ||2||	ਜਿਸ ਮਨੁੱਖ ਦੇ ਅੰਦਰ (ਖੋਟੇ ਖਰੇ ਦੇ) ਪਰਖਣ ਦੀ ਸੂਝ ਪੈਦਾ ਹੋ ਜਾਂਦੀ ਹੈ, ਉਹ ਮਨੁੱਖ (ਪਖੰਡੀਆਂ ਵਿਚ) ਰਲਾਇਆਂ ਰਲ ਨਹੀਂ ਸਕਦਾ ॥੨॥
1192	28	ਸੋ ਸੇਵਕੁ ਹਰਿ ਆਖੀਐ ਜੋ ਹਰਿ ਰਾਖੈ ਉਰਿ ਧਾਰਿ॥		So Saevak Har Aakheeai Jo Har Raakhai Our Dhhaar ||	Those who keep the Lord enshrined within their hearts are said to be the servants of the Lord.	ਉਹੀ ਮਨੁੱਖ ਪਰਮਾਤਮਾ ਦਾ ਸੇਵਕ ਆਖਿਆ ਜਾ ਸਕਦਾ ਹੈ, ਜੇਹੜਾ ਪਰਮਾਤਮਾ (ਦੀ ਯਾਦ) ਨੂੰ ਆਪਣੇ ਹਿਰਦੇ ਵਿਚ ਟਿਕਾਈ ਰੱਖਦਾ ਹੈ।
1193	28	ਮਨੁ ਤਨੁ ਸਉਪੇ ਆਗੈ ਧਰੇ ਹਉਮੈ ਵਿਚਹੁ ਮਾਰਿ॥		Man Than Soupae Aagai Dhharae Houmai Vichahu Maar ||	Placing mind and body in offering before the Lord, they conquer and eradicate egotism from within.	ਜੇਹੜਾ ਆਪਣੇ ਅੰਦਰੋਂ ਹਉਮੈ ਦੂਰ ਕਰ ਕੇ ਆਪਣਾ ਮਨ ਆਪਣਾ ਸਰੀਰ ਪਰਮਾਤਮਾ ਦੇ ਹਵਾਲੇ ਕਰ ਦੇਂਦਾ ਹੈ ਪਰਮਾਤਮਾ ਦੇ ਅੱਗੇ ਰੱਖ ਦੇਂਦਾ ਹੈ।
1194	28	ਧਨੁ ਗੁਰਮੁਖਿ ਸੋ ਪਰਵਾਣੁ ਹੈ ਜਿ ਕਦੇ ਨ ਆਵੈ ਹਾਰਿ॥੩॥		Dhhan Guramukh So Paravaan Hai J Kadhae N Aavai Haar ||3||	Blessed and acclaimed is that Gurmukh, who shall never be defeated. ||3||	ਜੇਹੜਾ ਮਨੁੱਖ (ਵਿਕਾਰਾਂ ਦੇ ਟਾਕਰੇ ਤੇ ਮਨੁੱਖ ਜਨਮ ਦੀ ਬਾਜ਼ੀ) ਕਦੇ ਹਾਰ ਕੇ ਨਹੀਂ ਆਉਂਦਾ, ਗੁਰੂ ਦੇ ਸਨਮੁਖ ਹੋਇਆ ਉਹ ਮਨੁੱਖ ਭਾਗਾਂ ਵਾਲਾ ਹੈ, ਉਹ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਪੈਂਦਾ ਹੈ ॥੩॥

1195	28	ਕਰਮਿ ਮਿਲੈ ਤਾ ਪਾਈਐ ਵਿਣੁ ਕਰਮੈ ਪਾਇਆ ਨ ਜਾਇ॥		Karam Milai Thaa Paaeeai Vin Karamai Paaeiaa N Jaae ||	Those who receive His Grace find Him. Without His Grace, He cannot be found.	ਪਰਮਾਤਮਾ (ਮਨੁੱਖ ਨੂੰ) ਆਪਣੀ ਮਿਹਰ ਨਾਲ ਹੀ ਮਿਲੇ ਤਾਂ ਮਿਲਦਾ ਹੈ, ਮਿਹਰ ਤੋਂ ਬਿਨਾ ਉਹ ਪ੍ਰਾਪਤ ਨਹੀਂ ਹੋ ਸਕਦਾ।
1196	29	ਲਖ ਚਉਰਾਸੀਹ ਤਰਸਦੇ ਜਿਸੁ ਮੇਲੇ ਸੋ ਮਿਲੈ ਹਰਿ ਆਇ॥	ਲੱਖ	Lakh Chouraaseeh Tharasadhae Jis Maelae So Milai Har Aae ||	The 8.4 million species of beings all yearn for the Lord. Those whom He unites, come to be united with the Lord.	ਚੌਰਾਸੀ ਲੱਖ ਜੂਨਾਂ ਦੇ ਜੀਵ (ਪਰਮਾਤਮਾ ਨੂੰ ਮਿਲਣ ਲਈ) ਤਰਸਦੇ ਹਨ, ਪਰ ਉਹੀ ਜੀਵ ਪਰਮਾਤਮਾ ਨੂੰ ਮਿਲ ਸਕਦਾ ਹੈ ਜਿਸ ਨੂੰ ਉਹ ਆਪ (ਆਪਣੇ ਨਾਲ) ਮਿਲਾਂਦਾ ਹੈ।
1197	29	ਨਾਨਕ ਗੁਰਮੁਖਿ ਹਰਿ ਪਾਇਆ ਸਦਾ ਹਰਿ ਨਾਮਿ ਸਮਾਇ॥੪॥੬॥੩੯॥		Naanak Guramukh Har Paaeiaa Sadhaa Har Naam Samaae ||4||6||39||	O Nanak, the Gurmukh finds the Lord, and remains forever absorbed in the Lord's Name. ||4||6||39||	ਹੇ ਨਾਨਕ! ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹੀ ਪਰਮਾਤਮਾ ਨੂੰ ਲੱਭ ਲੈਂਦਾ ਹੈ, ਉਹ ਸਦਾ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ ॥੪॥੬॥੩੯॥{28-29}
1198	29	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1199	29	ਸੁਖਸਾਗਰੁ ਹਰਿ ਨਾਮੁ ਹੈ ਗੁਰਮੁਖਿ ਪਾਇਆ ਜਾਇ॥		Sukh Saagar Har Naam Hai Guramukh Paaeiaa Jaae ||	The Name of the Lord is the Ocean of Peace; the Gurmukhs obtain it.	ਪਰਮਾਤਮਾ ਦਾ ਨਾਮ ਸੁਖਾਂ ਦਾ ਸਮੁੰਦਰ ਹੈ, ਪਰ ਇਹ ਮਿਲਦਾ ਹੈ ਗੁਰੂ ਦੀ ਸਰਨ ਪਿਆਂ।

1200	29	ਅਨ ਦਿਨੁ ਨਾਮੁ ਧਿਆਈਐ ਸਹਜੇ ਨਾਮਿ ਸਮਾਇ॥		Anadhin Naam Dhhiaaeeai Sehajae Naam Samaae ||	Meditating on the Naam, night and day, they are easily and intuitively absorbed in the Naam.	ਪ੍ਰਭੂ-ਨਾਮ ਦੀ ਰਾਹੀਂ ਆਤਮਕ ਅਡੋਲਤਾ ਵਿਚ ਲੀਨ ਹੋ ਕੇ ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ।
1201	29	ਅੰਦਰੁ ਰਚੈ ਹਰਿ ਸਚ ਸਿਉ ਰਸਨਾ ਹਰਿ ਗੁਣ ਗਾਇ॥੧॥		Andhar Rachai Har Sach Sio Rasanaa Har Gun Gaae ||1||	Their inner beings are immersed in the True Lord; they sing the Glorious Praises of the Lord. ||1||	ਜੀਭ ਨਾਲ ਹਰੀ ਦੇ ਗੁਣ ਗਾ ਕੇ ਹਿਰਦਾ ਸਦਾ-ਥਿਰ ਪ੍ਰਭੂ ਨਾਲ ਇਕ-ਮਿਕ ਹੋ ਜਾਂਦਾ ਹੈ ॥੧॥
1202	29	ਭਾਈ ਰੇ ਜਗੁ ਦੁਖੀਆ ਦੂਜੈ ਭਾਇ॥	ਜੱਗੁ	Bhaaee Rae Jag Dhukheeaa Dhoojai Bhaae ||	O Siblings of Destiny, the world is in misery, engrossed in the love of duality.	ਹੇ ਭਾਈ! (ਪਰਮਾਤਮਾ ਨੂੰ ਭੁਲਾ ਕੇ ਮਾਇਆ ਅਦਿਕ) ਹੋਰ ਪਿਆਰ ਵਿਚ ਪੈ ਕੇ ਜਗਤ ਦੁਖੀ ਹੋ ਰਿਹਾ ਹੈ।
1203	29	ਗੁਰ ਸਰਣਾਈ ਸੁਖੁ ਲਹਹਿ ਅਨ ਦਿਨੁ ਨਾਮੁ ਧਿਆਇ॥੧॥ਰਹਾਉ ॥	ਲਹ-ਹਿ	Gur Saranaaee Sukh Lehehi Anadhin Naam Dhhiaae ||1|| Rehaao ||	In the Sanctuary of the Guru, peace is found, meditating on the Naam night and day. ||1||Pause||	ਤੂੰ ਗੁਰੂ ਦੀ ਸਰਨ ਪੈ ਕੇ ਹਰ ਰੋਜ਼ ਪਰਮਾਤਮਾ ਦਾ ਨਾਮ ਸਿਮਰ; (ਇਸ ਤਰ੍ਹਾਂ) ਸੁਖ ਮਾਣੇਂਗਾ ॥੧॥ ਰਹਾਉ ॥

1204	29	ਸਾਚੇ ਮੈਲੁ ਨ ਲਾਗਈ ਮਨੁ ਨਿਰਮਲੁ ਹਰਿ ਧਿਆਇ॥		Saachae Mail N Laagee Man Niramal Har Dhhiaae ||	The truthful ones are not stained by filth. Meditating on the Lord, their minds remain pure.	ਸਦਾ-ਥਿਰ ਪਰਮਾਤਮਾ ਨੂੰ (ਵਿਕਾਰਾਂ ਦੀ) ਮੈਲ ਨਹੀਂ ਲੱਗ ਸਕਦੀ, (ਉਸ) ਪਰਮਾਤਮਾ ਦਾ ਨਾਮ ਸਿਮਰਿਆਂ (ਸਿਮਰਨ ਵਾਲੇ ਮਨੁੱਖ ਦਾ) ਮਨ (ਭੀ) ਪਵਿਤ੍ਰ ਹੋ ਜਾਂਦਾ ਹੈ।
1205	29	ਗੁਰਮੁਖਿ ਸਬਦੁ ਪਛਾਣੀਐ ਹਰਿ ਅੰਮ੍ਰਿਤ ਨਾਮਿ ਸਮਾਇ॥		Guramukh Sabadh Pashhaaneeai Har Anmrith Naam Samaae ||	The Gurmukhs realize the Word of the Shabad; they are immersed in the Ambrosial Nectar of the Lord's Name.	ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਨਾਲ ਡੂੰਘੀ ਸਾਂਝ ਪਾਣੀ ਚਾਹੀਦੀ ਹੈ।(ਜੇਹੜਾ ਸਾਂਝ ਪਾਂਦਾ ਹੈ ਉਹ) ਆਤਮਕ ਜੀਵਨ ਦੇਣ ਵਾਲੇ ਹਰਿ-ਨਾਮ ਵਿਚ ਲੀਨ ਹੋ ਜਾਂਦਾ ਹੈ।
1206	29	ਗੁਰ ਗਿਆਨੁ ਪ੍ਰਚੰਡੁ ਬਲਾਇਆ ਅਗਿਆਨੁ ਅੰਧੇਰਾ ਜਾਇ॥੨॥		Gur Giaan Prachandd Balaaeiaa Agiaan Andhhaeraa Jaae ||2||	The Guru has lit the brilliant light of spiritual wisdom, and the darkness of ignorance has been dispelled. ||2||	(ਜਿਸ ਮਨੁੱਖ ਨੇ ਆਪਣੇ ਅੰਦਰ) ਗੁਰੂ ਦਾ ਗਿਆਨ ਚੰਗੀ ਤਰ੍ਹਾਂ ਰੌਸ਼ਨ ਕਰ ਲਿਆ ਹੈ (ਉਸ ਦੇ ਅੰਦਰੋਂ) ਅਗਿਆਨਤਾ ਦਾ ਹਨੇਰਾ ਦੂਰ ਹੋ ਜਾਂਦਾ ਹੈ ॥੨॥
1207	29	ਮਨਮੁਖ ਮੈਲੇ ਮਲੁ ਭਰੇ ਹਉਮੈ ਤ੍ਰਿਸਨਾ ਵਿਕਾਰੁ॥		Manamukh Mailae Mal Bharae Houmai Thrisanaa Vikaar ||	The self-willed manmukhs are polluted. They are filled with the pollution of egotism, wickedness and desire.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਮਲੀਨ-ਮਨ ਰਹਿੰਦੇ ਹਨ ਵਿਕਾਰਾਂ ਦੀ ਮੈਲ ਨਾਲ ਲਿਬੜੇ ਰਹਿੰਦੇ ਹਨ, ਉਹਨਾਂ ਦੇ ਅੰਦਰ ਹਉਮੈ ਤੇ ਲਾਲਚ ਦਾ ਰੋਗ ਟਿਕਿਆ ਰਹਿੰਦਾ ਹੈ।

1208	29	ਬਿਨੁ ਸਬਦੈ ਮੈਲੁ ਨ ਉਤਰੈ ਮਰਿ ਜੰਮਹਿ ਹੋਇ ਖੁਆਰੁ॥		Bin Sabadhai Mail N Outharai Mar Janmehi Hoe Khuaar ||	Without the Shabad, this pollution is not washed off; through the cycle of death and rebirth, they waste away in misery.	ਇਹ ਮੈਲ ਗੁਰੂ ਦੇ ਸ਼ਬਦ ਤੋਂ ਬਿਨਾ ਨਹੀਂ ਉਤਰਦੀ, (ਸ਼ਬਦ ਤੋਂ ਬਿਨਾ) ਆਤਮਕ ਮੌਤ ਸਹੇੜ ਕੇ ਖ਼ੁਆਰ ਹੋ ਹੋ ਕੇ ਜਨਮ-ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ।
1209	29	ਧਾਤੁਰਬਾਜੀ ਪਲਚਿ ਰਹੇ ਨਾ ਉਰਵਾਰੁ ਨ ਪਾਰੁ॥੩॥	ਪਿਆਰੇ ਬੱਚੇ ਨੂੰ ਪ੍ਰਚਾਉਣ ਲਈ ਪਾਈ ਧਾਤੁਰਬਾਜੀ ਸੱਚੀ ਨਹੀਂ ਹੁੰਦੀ, ਇਉਂ ਮਾਇਕੀ ਬਾਜ਼ੀ ਸੱਚੀ ਨਹੀਂ	Dhhaathur Baajee Palach Rehae Naa Ouravaar N Paar ||3||	Engrossed in this transitory drama, they are not at home in either this world or the next. ||3||	ਉਹ ਇਸ ਨਾਸਵੰਤ ਜਗਤ-ਖੇਡ ਵਿਚ ਫਸੇ ਰਹਿੰਦੇ ਹਨ, ਇਸ ਵਿਚੋਂ ਉਹਨਾਂ ਨੂੰ ਨਾਹ ਉਰਲਾ ਬੰਨਾ ਲੱਭਦਾ ਹੈ ਨਾਹ ਪਾਰਲਾ ਬੰਨਾ ॥੩॥
1210	29	ਗੁਰਮੁਖਿ ਜਪ ਤਪ ਸੰਜਮੀ ਹਰਿ ਕੈ ਨਾਮਿ ਪਿਆਰੁ॥		Guramukh Jap Thap Sanjamee Har Kai Naam Piaar ||	For the Gurmukh, the love of the Name of the Lord is chanting, deep meditation and self-discipline.	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹ ਸਿਮਰਨ ਕਰਦਾ ਹੈ ਉਹ ਸੇਵਾ ਕਰਦਾ ਹੈ ਉਹ ਆਪਣੇ ਆਪ ਨੂੰ ਵਿਕਾਰਾਂ ਵਲੋਂ ਬਚਾਈ ਰੱਖਦਾ ਹੈ ਉਹ ਪਰਮਾਤਮਾ ਦੇ ਨਾਮ ਵਿਚ ਪਿਆਰ ਪਾਂਦਾ ਹੈ।
1211	29	ਗੁਰਮੁਖਿ ਸਦਾ ਧਿਆਈਐ ਏਕੁ ਨਾਮੁ ਕਰਤਾਰੁ॥		Guramukh Sadhaa Dhhiaaeeai Eaek Naam Karathaar ||	The Gurmukh meditates forever on the Name of the One Creator Lord.	(ਹੇ ਭਾਈ!) ਗੁਰੂ ਦੀ ਸਰਨ ਪੈ ਕੇ ਸਦਾ ਕਰਤਾਰ ਦੇ ਨਾਮ ਨੂੰ ਸਿਮਰਨਾ ਚਾਹੀਦਾ ਹੈ।

1212	29	ਨਾਨਕ ਨਾਮੁ ਧਿਆਈਐ ਸਭਨਾ ਜੀਆ ਕਾ ਆਧਾਰੁ॥੪॥੭॥੪੦॥		Naanak Naam Dhhiaaeeai Sabhanaa Jeeaa Kaa Aadhhaar ||4||7||40||	O Nanak, meditate on the Naam, the Name of the Lord, the Support of all beings. ||4||7||40||	ਹੇ ਨਾਨਕ! ਪਰਮਾਤਮਾ ਦਾ ਨਾਮ (ਹੀ) ਸਿਮਰਨਾ ਚਾਹੀਦਾ ਹੈ, (ਪਰਮਾਤਮਾ ਦਾ ਨਾਮ) ਸਭ ਜੀਵਾਂ (ਦੀ ਜ਼ਿੰਦਗੀ) ਦਾ ਆਸਰਾ ਹੈ ॥੪॥੭॥੪੦॥
1213	29	ਸ੍ਰੀਰਾਗੁ ਮਹਲਾ ੩॥		Sreeraag Mehalaa 3 ||	Siree Raag, Third Mehl:	
1214	29	ਮਨਮੁਖੁ ਮੋਹਿ ਵਿਆਪਿਆ ਬੈਰਾਗੁ ਉਦਾਸੀ ਨ ਹੋਇ॥		Manamukh Mohi Viaapiaa Bairaag Oudhaasee N Hoe ||	The self-willed manmukhs are engrossed in emotional attachment; they are not balanced or detached.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ (ਉਸ ਦੇ ਅੰਦਰ) ਨਾਹ ਪਰਮਾਤਮਾ ਦੀ ਲਗਨ ਪੈਦਾ ਹੁੰਦੀ ਹੈ ਨਾਹ ਮਾਇਆ ਵਲੋਂ ਉਪਰਾਮਤਾ।
1215	29	ਸਬਦੁ ਨ ਚੀਨੈ ਸਦਾ ਦੁਖੁ ਹਰਿ ਦਰਗਹਿ ਪਤਿ ਖੋਇ॥	(ਚੀਨੈ) ਜਾਨਣਾ	Sabadh N Cheenai Sadhaa Dhukh Har Dharagehi Path Khoe ||	They do not comprehend the Word of the Shabad. They suffer in pain forever, and lose their honor in the Court of the Lord.	ਉਹ ਮਨੁੱਖ ਗੁਰੂ ਦੇ ਸ਼ਬਦ ਨੂੰ ਨਹੀਂ ਵਿਚਾਰਦਾ, (ਇਸ ਵਾਸਤੇ ਉਸ ਨੂੰ) ਸਦਾ ਦੁੱਖ (ਘੇਰੀ ਰੱਖਦਾ) ਹੈ, ਪਰਮਾਤਮਾ ਦੀ ਦਰਗਾਹ ਵਿਚ ਭੀ ਉਹ ਆਪਣੀ ਇੱਜ਼ਤ ਗਵਾ ਲੈਂਦਾ ਹੈ।

1216	29	ਹਉਮੈ ਗੁਰਮੁਖਿ ਖੋਈਐ ਨਾਮਿ ਰਤੇ ਸੁਖੁ ਹੋਇ॥੧॥		Houmai Guramukh Khoeeai Naam Rathae Sukh Hoe ||1||	The Gurmukhs shed their ego; attuned to the Naam, they find peace. ||1||	ਪਰ ਗੁਰੂ ਦੇ ਦੱਸੇ ਰਾਹ ਤੇ ਤੁਰਿਆਂ ਹਉਮੈ ਦੂਰ ਹੋ ਜਾਂਦੀ ਹੈ, ਨਾਮ ਵਿਚ ਰੰਗੇ ਜਾਈਦਾ ਹੈ, ਤੇ ਸੁਖ ਪ੍ਰਾਪਤ ਹੁੰਦਾ ਹੈ ॥੧॥
1217	29	ਮੇਰੇ ਮਨ ਅਹਿ ਨਿਸਿ ਪੂਰਿ ਰਹੀ ਨਿਤ ਆਸਾ॥		Maerae Man Ahinis Poor Rehee Nith Aasaa ||	O my mind, day and night, you are always full of wishful hopes.	ਹੇ ਮੇਰੇ ਮਨ! (ਤੇਰੇ ਅੰਦਰ ਤਾਂ) ਦਿਨ ਰਾਤ ਸਦਾ (ਮਾਇਆ ਦੀ) ਆਸ ਭਰੀ ਰਹਿੰਦੀ ਹੈ।
1218	29	ਸਤਗੁਰੁ ਸੇਵਿ ਮੋਹੁ ਪਰਜਲੈ ਘਰ ਹੀ ਮਾਹਿ ਉਦਾਸਾ॥ਰਹਾਉ॥	(ਪਰ-ਜਲੈ)ਪਰ ਵਿਸੇਸ਼ ਕਰਕੇ ਜਲ ਜਾਂਦਾ ਹੈ	Sathagur Saev Mohu Parajalai Ghar Hee Maahi Oudhaasaa ||1|| Rehaao ||	Serve the True Guru, and your emotional attachment shall be totally burnt away; remain detached within the home of your heart. ||1||Pause||	(ਹੇ ਮਨ!) ਸਤਿਗੁਰੂ ਦੀ ਦੱਸੀ ਸੇਵਾ ਕਰ (ਤਦੋਂ ਹੀ ਮਾਇਆ ਦਾ) ਮੋਹ ਚੰਗੀ ਤਰ੍ਹਾਂ ਸੜ ਸਕਦਾ ਹੈ (ਤਦੋਂ ਹੀ) ਗ੍ਰਿਹਸਤ ਵਿਚ ਰਹਿੰਦਿਆਂ ਹੀ (ਮਾਇਆ ਤੋਂ) ਉਪਰਾਮ ਹੋ ਸਕੀਦਾ ਹੈ ॥੧॥ ਰਹਾਉ ॥
1219	29	ਗੁਰਮੁਖਿ ਕਰਮ ਕਮਾਵੈ ਬਿਗਸੈ ਹਰਿ ਬੈਰਾਗੁ ਅਨੰਦੁ॥		Guramukh Karam Kamaavai Bigasai Har Bairaag Anandh ||	The Gurmukhs do good deeds and blossom forth; balanced and detached in the Lord, they are in ecstasy.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਗੁਰੂ ਦੇ ਦੱਸੇ) ਕਰਮ ਕਰਦਾ ਹੈ ਤੇ (ਅੰਦਰੋਂ) ਖਿੜਿਆ ਰਹਿੰਦਾ ਹੈ (ਕਿਉਂਕਿ ਉਸ ਦੇ ਅੰਦਰ) ਪਰਮਾਤਮਾ ਦਾ ਪ੍ਰੇਮ ਹੈ ਤੇ ਆਤਮਕ ਸੁਖ ਹੈ।

1220	29	ਅਹਿਨਿਸਿ ਭਗਤਿ ਕਰੇ ਦਿਨੁ ਰਾਤੀ ਹਉਮੈ ਮਾਰਿ ਨਿਚੰਦੁ॥	(ਨਿਚੰਦੁ) ਚਿੰਤਾ ਰਹਿਤ	Ahinis Bhagath Karae Dhin Raathee Houmai Maar Nichandh ||	Night and day, they perform devotional worship, day and night; subduing their ego, they are carefree.	ਉਹ ਦਿਨ ਰਾਤ ਹਰ ਵੇਲੇ ਪਰਮਾਤਮਾ ਦੀ ਭਗਤੀ ਕਰਦਾ ਹੈ, (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ ਉਹ ਬੇ-ਫ਼ਿਕਰ ਰਹਿੰਦਾ ਹੈ।
1221	29	ਵਡੈਭਾਗਿ ਸਤਿਸੰਗਤਿ ਪਾਈ ਹਰਿ ਪਾਇਆ ਸਹਜਿ ਅਨੰਦੁ॥੨॥		Vaddai Bhaag Sathasangath Paaee Har Paaeiaa Sehaj Anandh ||2||	By great good fortune, I found the Sat Sangat, the True Congregation; I have found the Lord, with intuitive ease and ecstasy. ||2||	ਵੱਡੀ ਕਿਸਮਤ ਨਾਲ ਉਸ ਨੂੰ ਸਾਧ ਸੰਗਤਿ ਪ੍ਰਾਪਤ ਹੋ ਜਾਂਦੀ ਹੈ ਜਿਥੇ ਉਸ ਨੂੰ ਪਰਮਾਤਮਾ ਦਾ ਮਿਲਾਪ ਹੋ ਜਾਂਦਾ ਹੈ, ਤੇ ਉਹ ਆਤਮਕ ਅਡੋਲਤਾ ਵਿਚ (ਟਿਕਿਆ ਹੋਇਆ) ਸੁਖ ਮਾਣਦਾ ਹੈ ॥੨॥
1222	29	ਸੋ ਸਾਧੂ ਬੈਰਾਗੀ ਸੋਈ ਹਿਰਦੈ ਨਾਮੁ ਵਸਾਏ॥		So Saadhhoo Bairaagee Soee Hiradhai Naam Vasaaeae ||	That person is a Holy Saadhu, and a renouncer of the world, whose heart is filled with the Naam.	ਉਹ ਮਨੁੱਖ (ਅਸਲ) ਸਾਧੂ ਹੈ, ਉਹੀ ਬੈਰਾਗੀ ਹੈ ਜੇਹੜਾ ਆਪਣੇ ਹਿਰਦੇ ਵਿਚ ਪ੍ਰਭੂ ਦਾ ਨਾਮ ਵਸਾਂਦਾ ਹੈ।
1223	29	ਅੰਤਰਿ ਲਾਗਿ ਨ ਤਾਮਸੁ ਮੂਲੇ ਵਿਚਹੁ ਆਪੁ ਗਵਾਏ॥	(ਅੰਤਰਿ) ਅੰਦਰ (ਤਾਮਸੁ) ਤਮੋ ਗੁਣ ਦੀ ਲਾਗਿ। (ਮੂਲੇ) ਉੱਕਾ ਹੀ ਨਹੀਂ	Anthar Laag N Thaamas Moolae Vichahu Aap Gavaaeae ||	His inner being is not touched by anger or dark energies at all; he has lost his selfishness and conceit.	ਉਸ ਦੇ ਅੰਦਰ ਵਿਕਾਰਾਂ ਦੀ ਕਾਲਖ ਕਦੇ ਭੀ ਅਸਰ ਨਹੀਂ ਕਰਦੀ, ਉਹ ਆਪਣੇ ਅੰਦਰੋਂ ਆਪਾ-ਭਾਵ ਗਵਾਈ ਰੱਖਦਾ ਹੈ।

1224	29	ਨਾਮੁ ਨਿਧਾਨੁ ਸਤਗੁਰੂ ਦਿਖਾਲਿਆ ਹਰਿ ਰਸੁ ਪੀਆ ਅਘਾਏ॥੩॥	(ਅਘਾਏ) ਤ੍ਰਿਪਤ	Naam Nidhhaan Sathaguroo Dhikhaaliaa Har Ras Peeaa Aghaaeae ||3||	The True Guru has revealed to him the Treasure of the Naam, the Name of the Lord; he drinks in the Sublime Essence of the Lord, and is satisfied. ||3||	ਸਤਿਗੁਰੂ ਨੇ ਉਸ ਨੂੰ ਪਰਮਾਤਮਾ ਦਾ ਨਾਮ-ਖ਼ਜ਼ਾਨਾ (ਉਸਦੇ ਅੰਦਰ ਹੀ) ਵਿਖਾ ਦਿੱਤਾ ਹੁੰਦਾ ਹੈ, ਤੇ ਉਹ ਨਾਮ-ਰਸ ਰੱਜ ਕੇ ਪੀਂਦਾ ਹੈ ॥੩॥
1225	29	ਜਿਨਿ ਕਿਨੈ ਪਾਇਆ ਸਾਧਸੰਗਤੀ ਪੂਰੈ ਭਾਗਿ ਬੈਰਾਗਿ॥	ਸਾਧਸੰਗਤੀਂ	Jin Kinai Paaeiaa Saadhhasangathee Poorai Bhaag Bairaag ||	Whoever has found it, has done so in the Saadh Sangat, the Company of the Holy. Through perfect good fortune, such balanced detachment is attained.	ਪਰਮਾਤਮਾ ਨੂੰ ਜਿਸ ਕਿਸੇ ਨੇ ਲੱਭਾ ਹੈ ਸਾਧ ਸੰਗਤਿ ਵਿਚ ਹੀ ਵੱਡੀ ਕਿਸਮਤ ਨਾਲ ਪ੍ਰਭੂ-ਪ੍ਰੇਮ ਵਿਚ ਜੁੜ ਕੇ ਲੱਭਾ ਹੈ।
1226	29	ਮਨਮੁਖ ਫਿਰਹਿ ਨ ਜਾਣਹਿ ਸਤਗੁਰੁ ਹਉਮੈ ਅੰਦਰਿ ਲਾਗਿ॥		Manamukh Firehi N Jaanehi Sathagur Houmai Andhar Laag ||	The self-willed manmukhs wander around lost, but they do not know the True Guru. They are inwardly attached to egotism.	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ (ਬਾਹਰ ਜੰਗਲਾਂ ਅਦਿਕ ਵਿਚ) ਤੁਰੇ ਫਿਰਦੇ ਹਨ, ਉਹ ਸਤਿਗੁਰੂ (ਦੀ ਵਡਿਆਈ) ਨੂੰ ਨਹੀਂ ਸਮਝਦੇ, ਉਹਨਾਂ ਦੇ ਅੰਦਰ ਹਉਮੈ (ਦੀ ਮੈਲ) ਲੱਗੀ ਰਹਿੰਦੀ ਹੈ।

1227	29	ਨਾਨਕ ਸਬਦਿ ਰਤੇ ਹਰਿ ਨਾਮਿ ਰੰਗਾਏ ਬਿਨੁ ਭੈ ਕੇਹੀ ਲਾਗਿ॥੪॥੮॥੪੧॥		Naanak Sabadh Rathae Har Naam Rangaaeae Bin Bhai Kaehee Laag ||4||8||41||	O Nanak, those who are attuned to the Shabad are dyed in the Color of the Lord's Name. Without the Fear of God, how can they retain this Color? ||4||8||41||	ਹੇ ਨਾਨਕ! ਜੇਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਰੰਗੇ ਗਏ ਹਨ ਉਹ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ (ਪਰ ਪਾਹ ਤੋਂ ਬਿਨਾ ਪੱਕਾ ਰੰਗ ਨਹੀਂ ਚੜ੍ਹਦਾ, ਤੇ ਨਾਮ-ਰੰਗ ਵਿਚ ਰੰਗੇ ਜਾਣ ਵਾਸਤੇ ਪ੍ਰਭੂ ਦੇ) ਡਰ-ਅਦਬ ਤੋਂ ਬਿਨਾ ਪਾਹ ਨਹੀਂ ਮਿਲ ਸਕਦੀ ॥੪॥੮॥੪੧॥
1228	29	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1229	29	ਘਰ ਹੀ ਸਉਦਾ ਪਾਈਐ ਅੰਤਰਿ ਸਭ ਵਥੁ ਹੋਇ॥	(ਵੱਥੁ) ਵਸਤੂ	Ghar Hee Soudhaa Paaeeai Anthar Sabh Vathh Hoe ||	Within the home of your own inner being, the merchandise is obtained. All commodities are within.	(ਪਰਮਾਤਮਾ ਦਾ ਨਾਮ-ਰੂਪ) ਸਾਰਾ (ਉੱਤਮ) ਪਦਾਰਥ (ਮਨੁੱਖ ਦੇ) ਹਿਰਦੇ ਵਿਚ ਹੀ ਹੈ, (ਗੁਰੂ ਦੀ ਸਰਨ ਪਿਆਂ) ਇਹ ਸੌਦਾ ਹਿਰਦੇ ਵਿਚੋਂ ਹੀ ਮਿਲ ਪੈਂਦਾ ਹੈ।
1230	29	ਖਿਨੁ ਖਿਨੁ ਨਾਮੁ ਸਮਾਲੀਐ ਗੁਰਮੁਖਿ ਪਾਵੈ ਕੋਇ॥		Khin Khin Naam Samaaleeai Guramukh Paavai Koe ||	Each and every moment, dwell on the Naam, the Name of the Lord; the Gurmukhs obtain it.	(ਗੁਰੂ ਦੀ ਸਰਨ ਪੈ ਕੇ) ਸੁਆਸ ਸੁਆਸ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ, ਜੇਹੜਾ ਕੋਈ ਨਾਮ ਪ੍ਰਾਪਤ ਕਰਦਾ ਹੈ ਗੁਰੂ ਦੀ ਰਾਹੀਂ ਕਰਦਾ ਹੈ।

1231	29	ਨਾਮੁ ਨਿਧਾਨੁ ਅਖੁਟੁ ਹੈ ਵਡਭਾਗਿ ਪਰਾਪਤਿ ਹੋਇ॥੧॥	ਅ-ਖੁੱਟੁ	Naam Nidhhaan Akhutt Hai Vaddabhaag Paraapath Hoe ||1||	The Treasure of the Naam is inexhaustible. By great good fortune, it is obtained. ||1||	ਜਿਸ ਨੂੰ ਵੱਡੀ ਕਿਸਮਤ ਨਾਲ ਇਹ ਖ਼ਜ਼ਾਨਾ ਮਿਲਦਾ ਹੈ (ਉਸ ਪਾਸੋਂ ਕਦੀ ਮੁੱਕਦਾ ਨਹੀਂ) (ਕਿਉਂਕਿ) ਨਾਮ-ਖ਼ਜ਼ਾਨਾ ਕਦੇ ਮੁੱਕਣ ਵਾਲਾ ਨਹੀਂ ਹੈ ॥੧॥
1232	29	ਮੇਰੇ ਮਨ ਤਜਿ ਨਿੰਦਾ ਹਉਮੈ ਅਹੰਕਾਰੁ॥	ਅਹੰ-ਕਾਰੁ	Maerae Man Thaj Nindhaa Houmai Ahankaar ||	O my mind, give up slander, egotism and arrogance.	ਹੇ ਮੇਰੇ ਮਨ! ਨਿੰਦਾ ਕਰਨੀ ਛੱਡ ਦੇਹ, (ਆਪਣੇ ਅੰਦਰੋਂ) ਹਉਮੈ ਤੇ ਅਹੰਕਾਰ ਦੂਰ ਕਰ।
1233	30	ਹਰਿ ਜੀਉ ਸਦਾ ਧਿਆਇ ਤੂ ਗੁਰਮੁਖਿ ਏਕੰਕਾਰੁ॥੧॥ਰਹਾਉ ॥		Har Jeeo Sadhaa Dhhiaae Thoo Guramukh Eaekankaar ||1|| Rehaao ||	Become Gurmukh, and meditate forever on the Dear Lord, the One and Only Creator. ||1||Pause||	ਗੁਰੂ ਦੀ ਸਰਨ ਪੈ ਕੇ ਤੂੰ ਸਦਾ ਸਰਬ-ਵਿਆਪਕ ਪਰਮਾਤਮਾ ਨੂੰ ਸਿਮਰਦਾ ਰਹੁ ॥੧॥ ਰਹਾਉ ॥
1234	30	ਗੁਰਮੁਖਾ ਕੇ ਮੁਖ ਉਜਲੇ ਗੁਰ ਸਬਦੀ ਬੀਚਾਰਿ॥		Guramukhaa Kae Mukh Oujalae Gur Sabadhee Beechaar ||	The faces of the Gurmukhs are radiant and bright; they reflect on the Word of the Guru's Shabad.	ਜੇਹੜੇ ਮਨੁੱਖ ਗੁਰੂ ਦੇ ਸਨਮੁਖ ਰਹਿੰਦੇ ਹਨ ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਦੇ ਗੁਣਾਂ ਨੂੰ) ਵਿਚਾਰ ਕੇ ਉਹ (ਸਦਾ) ਸੁਰਖ਼ਰੂ ਰਹਿੰਦੇ ਹਨ।

1235	30	ਹਲਤਿ ਪਲਤਿ ਸੁਖੁ ਪਾਇਦੇ ਜਪਿ ਜਪਿ ਰਿਦੈ ਮੁਰਾਰਿ॥	(ਹਲਤਿ) ਇਹ ਲੋਕ (ਪਲਤਿ) ਪ੍ਰਲੋਕ। (ਮੁਰਾਰਿ) ਪ੍ਰਮਾਤਮਾ	Halath Palath Sukh Paaeidhae Jap Jap Ridhai Muraar ||	They obtain peace in this world and the next, chanting and meditating within their hearts on the Lord.	ਉਹ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਲੋਕ ਪਰਲੋਕ ਵਿਚ ਸੁਖ ਮਾਣਦੇ ਹਨ।
1236	30	ਘਰ ਹੀ ਵਿਚਿ ਮਹਲੁ ਪਾਇਆ ਗੁਰ ਸਬਦੀ ਵੀਚਾਰਿ॥੨॥		Ghar Hee Vich Mehal Paaeiaa Gur Sabadhee Veechaar ||2||	Within the home of their own inner being, they obtain the Mansion of the Lord's Presence, reflecting on the Guru's Shabad. ||2||	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਪਰਮਾਤਮਾ ਦੇ ਨਾਮ ਨੂੰ ਚੇਤੇ ਕਰ ਕੇ ਉਹਨਾਂ ਆਪਣੇ ਹਿਰਦੇ ਵਿਚ ਹੀ ਪਰਮਾਤਮਾ ਦਾ ਨਿਵਾਸ-ਥਾਂ ਲੱਭ ਲਿਆ ਹੁੰਦਾ ਹੈ ॥੨॥
1237	30	ਸਤਗੁਰ ਤੇ ਜੋ ਮੁਹ ਫੇਰਹਿ ਮਥੇ ਤਿਨ ਕਾਲੇ॥	ਮੱਥੇ	Sathagur Thae Jo Muh Faerehi Mathhae Thin Kaalae ||	Those who turn their faces away from the True Guru shall have their faces blackened.	ਜੇਹੜੇ ਮਨੁੱਖ ਗੁਰੂ ਵਲੋਂ ਮੂੰਹ ਭਵਾਂਦੇ ਹਨ, ਉਹਨਾਂ ਦੇ ਮੱਥੇ ਭ੍ਰਿਸ਼ਟੇ ਰਹਿੰਦੇ ਹਨ। (ਉਹਨਾਂ ਨੂੰ ਆਪਣੇ ਅੰਦਰੋਂ ਫਿਟਕਾਰ ਹੀ ਪੈਂਦੀ ਰਹਿੰਦੀ ਹੈ)।
1238	30	ਅਨ ਦਿਨੁ ਦੁਖ ਕਮਾਵਦੇ ਨਿਤ ਜੋਹੇ ਜਮ ਜਾਲੇ॥	(ਜੋਹੇ) ਉਡੀਕ ਚ। ਜੱਾਲੇ	Anadhin Dhukh Kamaavadhae Nith Johae Jam Jaalae ||	Night and day, they suffer in pain; they see the noose of Death always hovering above them.	ਉਹ ਸਦਾ ਉਹੀ ਕਰਤੂਤਾਂ ਕਰਦੇ ਹਨ, ਜਿਨ੍ਹਾਂ ਦਾ ਫਲ ਦੁੱਖ ਹੁੰਦਾ ਹੈ। ਉਹ ਸਦਾ ਜਮ ਦੇ ਜਾਲ ਵਿਚ ਜਮ ਦੀ ਤੱਕ ਵਿਚ ਰਹਿੰਦੇ ਹਨ।
1239	30	ਸੁਪਨੈ ਸੁਖੁ ਨ ਦੇਖਨੀ ਬਹੁ ਚਿੰਤਾ ਪਰਜਾਲੇ॥੩॥	(ਪਰ-ਜੱਾਲੇ) ਵਿਸ਼ੇਸ਼ ਕਰਕੇ ਜਲ਼ਦੇ	Supanai Sukh N Dhaekhanee Bahu Chinthaa Parajaalae ||3||	Even in their dreams, they find no peace; they are consumed by the fires of intense anxiety. ||3||	ਕਦੇ ਸੁਪਨੇ ਵਿਚ ਭੀ ਉਹ ਸੁਖ ਨਹੀਂ ਮਾਣਦੇ, ਬਹੁਤ ਚਿੰਤਾ ਉਹਨਾਂ ਨੂੰ ਸਾੜਦੀ ਰਹਿੰਦੀ ਹੈ ॥੩॥

1240	30	ਸਭਨਾ ਕਾ ਦਾਤਾ ਏਕੁ ਹੈ ਆਪੇ ਬਖਸ ਕਰੇਇ॥	ਕਰੇ-ਇ	Sabhanaa Kaa Dhaathaa Eaek Hai Aapae Bakhas Karaee ||	The One Lord is the Giver of all; He Himself bestows all blessings.	ਉਹ ਪਰਮਾਤਮਾ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ, ਉਹ ਆਪ ਹੀ ਬਖ਼ਸ਼ਸ਼ ਕਰਦਾ ਹੈ, ਉਹ ਆਪ ਹੀ (ਹਰੇਕ ਜੀਵ ਦੇ ਦਿਲ ਦੀ) ਜਾਣਦਾ ਹੈ।
1241	30	ਕਹਣਾ ਕਿਛੂ ਨ ਜਾਵਈ ਜਿਸੁ ਭਾਵੈ ਤਿਸੁ ਦੇਇ॥	ਦੇ-ਇ	Kehanaa Kishhoo N Jaavee Jis Bhaavai This Dhaee ||	No one else has any say in this; He gives just as He pleases.	ਪਰ ਕੁਝ ਕਿਹਾ ਨਹੀਂ ਜਾ ਸਕਦਾ (ਕਿ ਮਨਮੁਖ ਕਿਉਂ ਨਾਮ ਨਹੀਂ ਚੇਤਦਾ ਤੇ ਗੁਰਮੁਖਿ ਕਿਉਂ ਸਿਮਰਦਾ ਹੈ?) ਜਿਸ ਉੱਤੇ ਉਹ ਪ੍ਰਸੰਨ ਹੁੰਦਾ ਹੈ, ਉਸ ਨੂੰ ਨਾਮ ਦੀ ਦਾਤ ਦੇ ਦੇਂਦਾ ਹੈ।
1242	30	ਨਾਨਕ ਗੁਰਮੁਖਿ ਪਾਈਐ ਆਪੇ ਜਾਣੈ ਸੋਇ॥੪ ॥੯॥੪੨॥		Naanak Guramukh Paaeeai Aapae Jaanai Soe ||4||9||42||	O Nanak, the Gurmukhs obtain Him; He Himself knows Himself. ||4||9||42||	ਹੇ ਨਾਨਕ! (ਉਸ ਦੀ ਮਿਹਰ ਨਾਲ) ਗੁਰੂ ਦੀ ਸਰਨ ਪਿਆਂ ਉਸ ਨਾਲ ਮਿਲਾਪ ਹੁੰਦਾ ਹੈ ॥੪॥੯॥੪੨॥
1243	30	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1244	30	ਸਚਾ ਸਾਹਿਬੁ ਸੇਵੀਐ ਸਚੁ ਵਡਿਆਈ ਦੇਇ॥		Sachaa Saahib Saeveeai Sach Vaddiaaee Dhaee ||	Serve your True Lord and Master, and you shall be blessed with true greatness.	(ਹੇ ਭਾਈ!) ਸਦਾ-ਥਿਰ ਰਹਿਣ ਵਾਲੇ ਮਾਲਕ-ਪ੍ਰਭੂ ਨੂੰ ਸਿਮਰਨਾ ਚਾਹੀਦਾ ਹੈ (ਜੇਹੜਾ ਸਿਮਰਦਾ ਹੈ ਉਸ ਨੂੰ) ਸਦਾ-ਥਿਰ ਪ੍ਰਭੂ ਇੱਜ਼ਤ ਦੇਂਦਾ ਹੈ।

1245	30	ਗੁਰ ਪਰਸਾਦੀ ਮਨਿ ਵਸੈ ਹਉਮੈ ਦੂਰਿ ਕਰੇਇ॥		Gur Parasaadhee Man Vasai Houmai Dhoor Karaee ||	By Guru's Grace, He abides in the mind, and egotism is driven out.	ਗੁਰੂ ਦੀ ਮਿਹਰ ਨਾਲ ਜਿਸ ਦੇ ਮਨ ਵਿਚ ਪ੍ਰਭੂ ਵੱਸਦਾ ਹੈ ਉਹ ਆਪਣੇ ਅੰਦਰੋਂ ਹਉਮੈ ਦੂਰ ਕਰ ਲੈਂਦਾ ਹੈ।
1246	30	ਇਹੁ ਮਨੁ ਧਾਵਤੁ ਤਾ ਰਹੈ ਜਾ ਆਪੇ ਨਦਰਿ ਕਰੇਇ॥੧॥	(ਧਾਵਤੁ) ਦੌੜਦਾ	Eihu Man Dhhaavath Thaa Rehai Jaa Aapae Nadhar Karaee ||1||	This wandering mind comes to rest, when the Lord casts His Glance of Grace. ||1||	(ਪਰ ਕਿਸੇ ਦੇ ਵੱਸ ਦੀ ਗੱਲ ਨਹੀਂ। ਮਾਇਆ ਬੜੀ ਮੋਹਣੀ ਹੈ) ਜਦੋਂ ਪ੍ਰਭੂ ਆਪ ਹੀ ਮਿਹਰ ਦੀ ਨਿਗਾਹ ਕਰਦਾ ਹੈ ਤਦੋਂ ਹੀ ਇਹ ਮਨ (ਮਾਇਆ ਦੇ ਪਿੱਛੇ) ਦੌੜਨੋਂ ਹਟਦਾ ਹੈ ॥੧॥
1247	30	ਭਾਈ ਰੇ ਗੁਰਮੁਖਿ ਹਰਿ ਨਾਮੁ ਧਿਆਇ॥		Bhaaee Rae Guramukh Har Naam Dhhiaae ||	O Siblings of Destiny, become Gurmukh, and meditate on the Name of the Lord.	ਹੇ ਭਾਈ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰ।
1248	30	ਨਾਮੁ ਨਿਧਾਨੁ ਸਦ ਮਨਿ ਵਸੈ ਮਹਲੀ ਪਾਵੈ ਥਾਉ॥੧॥ਰਹਾਉ॥		Naam Nidhhaan Sadh Man Vasai Mehalee Paavai Thhaao ||1|| Rehaao ||	The Treasure of the Naam abides forever within the mind, and one's place of rest is found in the Mansion of the Lord's Presence. ||1||Pause||	ਜਿਸ ਮਨੁੱਖ ਦੇ ਮਨ ਵਿਚ ਨਾਮ-ਖ਼ਜ਼ਾਨਾ ਸਦਾ ਵੱਸਦਾ ਹੈ, ਉਹ ਪਰਮਾਤਮਾ ਦੇ ਚਰਨਾਂ ਵਿਚ ਟਿਕਾਣਾ ਲੱਭ ਲੈਂਦਾ ਹੈ ॥੧॥ ਰਹਾਉ ॥

1249	30	ਮਨਮੁਖ ਮਨੁ ਤਨੁ ਅੰਧੁ ਹੈ ਤਿਸ ਨਉ ਠਉਰ ਨ ਠਾਉ॥	ਨ ਇਸ ਲੋਕ ਚ (ਠਉਰ) ਥਾਂ, ਨ ਪ੍ਰਲੋਕ ਚ (ਠਾਉ) ਟਿਕਾਣਾ	Manamukh Man Than Andhh Hai This No Thour N Thaao ||	The minds and bodies of the self-willed manmukhs are filled with darkness; they find no shelter, no place of rest.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ ਮਨ (ਮਾਇਆ ਦੇ ਮੋਹ ਵਿਚ) ਅੰਨ੍ਹਾ ਹੋ ਜਾਂਦਾ ਹੈ, ਸਰੀਰ ਭੀ (ਭਾਵ, ਹਰੇਕ ਗਿਆਨ-ਇੰਦ੍ਰਾ ਭੀ) ਅੰਨ੍ਹਾ ਹੋ ਜਾਂਦਾ ਹੈ ਉਸ ਨੂੰ (ਆਤਮਕ ਸ਼ਾਂਤੀ ਵਾਸਤੇ) ਕੋਈ ਥਾਂ-ਥਿੱਤਾ ਸੁੱਝਦਾ ਨਹੀਂ।
1250	30	ਬਹੁ ਜੋਨੀ ਭਉਦਾ ਫਿਰੈ ਜਿਉ ਸੁੰਞੈਂ ਘਰਿ ਕਾਉ॥	(ਭਉਂਦਾ) ਭਟਕਦਾ। (ਸੁੰਞੈਂ) ਸੁੰਨੇ	Bahu Jonee Bhoudhaa Firai Jio Sunnjain Ghar Kaao ||	Through countless incarnations they wander lost, like crows in a deserted house.	(ਮਾਇਆ ਦੇ ਮੋਹ ਵਿਚ ਫਸ ਕੇ) ਉਹ ਅਨੇਕਾਂ ਜੂਨਾਂ ਵਿਚ ਭਟਕਦਾ ਹੈ (ਕਿਤੋਂ ਭੀ ਉਸ ਨੂੰ ਆਤਮਕ ਸ਼ਾਂਤੀ ਨਹੀਂ ਮਿਲਦੀ) ਜਿਵੇਂ ਕਿਸੇ ਸੁੰਞੇ ਘਰ ਵਿਚ ਕਾਂ ਜਾਂਦਾ ਹੈ (ਉਥੋਂ ਉਸ ਨੂੰ ਮਿਲਦਾ ਕੁਝ ਨਹੀਂ)
1251	30	ਗੁਰਮਤੀ ਘਟਿ ਚਾਨਣਾ ਸਬਦਿ ਮਿਲੈ ਹਰਿ ਨਾਉ॥੨॥		Guramathee Ghatt Chaananaa Sabadh Milai Har Naao ||2||	Through the Guru's Teachings, the heart is illuminated. Through the Shabad, the Name of the Lord is received. ||2||	ਗੁਰੂ ਦੀ ਮਤਿ ਤੇ ਤੁਰਿਆਂ ਹਿਰਦੇ ਵਿਚ ਚਾਨਣ (ਹੋ ਜਾਂਦਾ ਹੈ) (ਭਾਵ, ਸਹੀ ਜੀਵਨ ਦੀ ਸੂਝ ਆ ਜਾਂਦੀ ਹੈ), ਗੁਰੂ ਦੇ ਸ਼ਬਦ ਵਿਚ ਜੁੜਿਆਂ ਪਰਮਾਤਮਾ ਦਾ ਨਾਮ ਪ੍ਰਾਪਤ ਹੋ ਜਾਂਦਾ ਹੈ ॥੨॥
1252	30	ਤ੍ਰੈ ਗੁਣ ਬਿਖਿਆ ਅੰਧੁ ਹੈ ਮਾਇਆ ਮੋਹ ਗੁਬਾਰ॥	(ਤ੍ਰੈ ਗੁਣ) ਰਜੋ ਤਮੋ ਸਤੋ। (ਗੁਬਾਰ) ਹਨੇਰਾ	Thrai Gun Bikhiaa Andhh Hai Maaeiaa Moh Gubaar ||	In the corruption of the three qualities, there is blindness; in attachment to Maya, there is darkness.	ਤ੍ਰਿਗੁਣੀ ਮਾਇਆ ਦੇ ਪ੍ਰਭਾਵ ਹੇਠ ਜਗਤ ਅੰਨ੍ਹਾ ਹੋ ਰਿਹਾ ਹੈ, ਮਾਇਆ ਦੇ ਮੋਹ ਦਾ ਹਨੇਰਾ (ਚੁਫੇਰੇ ਪਸਰਿਆ ਹੋਇਆ ਹੈ)।

1253	30	ਲੋਭੀਅਨ ਕਉ ਸੇਵਦੇ ਪੜਿ ਵੇਦਾ ਕਰਹਿ ਪੁਕਾਰ॥	ਪੜ੍ਹਿ। (ਦੂਜਾ ਪਾਠ: ਲੋਭੀ ਅਨ)	Lobhee An Ko Saevadhae Parr Vaedhaa Karai Pookaar ||	The greedy people serve others, instead of the Lord, although they loudly announce their reading of scriptures.	ਲੋਭ-ਗ੍ਰਸੇ ਜੀਵ (ਉਂਞ ਤਾਂ) ਵੇਦਾਂ ਨੂੰ ਪੜ੍ਹ ਕੇ (ਉਹਨਾਂ ਦੇ ਉਪਦੇਸ਼ ਦਾ) ਢੰਢੋਰਾ ਦੇਂਦੇ ਹਨ, (ਪਰ ਅੰਦਰੋਂ ਪ੍ਰਭੂ ਨੂੰ ਵਿਸਾਰ ਕੇ) ਹੋਰ ਦੀ (ਭਾਵ, ਮਾਇਆ ਦੀ) ਸੇਵਾ ਕਰਦੇ ਹਨ।
1254	30	ਬਿਖਿਆ ਅੰਦਰਿ ਪਚਿ ਮੁਏ ਨਾ ਉਰਵਾਰੁ ਨ ਪਾਰੁ॥੩॥		Bikhiaa Andhar Pach Mueae Naa Ouravaar N Paar ||3||	They are burnt to death by their own corruption; they are not at home, on either this shore or the one beyond. ||3||	ਮਾਇਆ ਦੇ ਮੋਹ ਵਿਚ ਖ਼ੁਆਰ ਹੋ ਹੋ ਕੇ ਆਤਮਕ ਮੌਤੇ ਮਰ ਜਾਂਦੇ ਹਨ (ਮਾਇਆ-ਮੋਹ ਦੇ ਘੁੱਪ ਹਨੇਰੇ ਵਿਚੋਂ ਉਹਨਾਂ ਨੂੰ) ਨਾਹ ਉਰਲਾ ਬੰਨਾ ਦਿੱਸਦਾ ਹੈ, ਨਾਹ ਪਾਰਲਾ ਬੰਨਾ ॥੩॥
1255	30	ਮਾਇਆ ਮੋਹਿ ਵਿਸਾਰਿਆ ਜਗਤ ਪਿਤਾ ਪ੍ਰਤਿਪਾਲਿ॥	ਜੱਗ-ਤ।ਪ੍ਰਤਿਪਾਲਿ: ਪੱਪੇ ਪੈਰ ਅੱਧਾ ਰਾਰਾ, ਪੋਲੋ ਬੋਲੋ ਪੱਪੇ ਨੂੰ ਸਿਹਾਰੀ ਨਹੀਂ ਲਾਉਣੀ, ਪ੍ਰਤਿਪਾਲਿ ਉਚਾਰਨਾ	Maaeiaa Mohi Visaariaa Jagath Pithaa Prathipaal ||	In attachment to Maya, they have forgotten the Father, the Cherisher of the World.	ਮਾਇਆ ਦੇ ਮੋਹ ਵਿਚ ਫਸ ਕੇ ਜੀਵਾਂ ਨੇ ਜਗਤ ਦੇ ਪਿਤਾ ਪਾਲਣਹਾਰ ਪ੍ਰਭੂ ਨੂੰ ਭੁਲਾ ਦਿੱਤਾ ਹੈ।
1256	30	ਬਾਝਹੁ ਗੁਰੂ ਅਚੇਤੁ ਹੈ ਸਭ ਬਧੀ ਜਮਕਾਲਿ॥	(ਅਚੇਤੁ) ਗਿਆਨਹੀਨ	Baajhahu Guroo Achaeth Hai Sabh Badhhee Jamakaal ||	Without the Guru, all are unconscious; they are held in bondage by the Messenger of Death.	ਗੁਰੂ (ਦੀ ਸਰਨ) ਤੋਂ ਬਿਨਾ ਜੀਵ ਗ਼ਾਫਿਲ ਹੋ ਰਿਹਾ ਹੈ। (ਪਰਮਾਤਮਾ ਤੋਂ ਵਿੱਛੁੜੀ ਹੋਈ) ਸਾਰੀ ਲੁਕਾਈ ਨੂੰ ਆਤਮਕ ਮੌਤੇ (ਆਪਣੇ ਬੰਧਨਾਂ ਵਿਚ) ਜਕੜਿਆ ਹੋਇਆ ਹੈ।

1257	30	ਨਾਨਕ ਗੁਰਮਤਿ ਉਬਰੇ ਸਚਾ ਨਾਮੁ ਸਮਾਲਿ॥੪॥੧੦॥੪੩॥		Naanak Guramath Oubarae Sachaa Naam Samaal ||4||10||43||	O Nanak, through the Guru's Teachings, you shall be saved, contemplating the True Name. ||4||10||43||	ਹੇ ਨਾਨਕ! ਗੁਰੂ ਦੀ ਸਿੱਖਿਆ ਦੀ ਬਰਕਤਿ ਨਾਲ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਨਾਮ ਹਿਰਦੇ ਵਿਚ ਵਸਾ ਕੇ ਹੀ ਜੀਵ (ਆਤਮਕ ਮੌਤ ਦੇ ਬੰਧਨਾਂ ਤੋਂ) ਬਚ ਸਕਦੇ ਹਨ ॥੪॥੧੦॥੪੩॥
1258	30	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1259	30	ਤ੍ਰੈ ਗੁਣ ਮਾਇਆ ਮੋਹੁ ਹੈ ਗੁਰਮੁਖਿ ਚਉਥਾ ਪਦੁ ਪਾਇ॥		Thrai Gun Maaeiaa Mohu Hai Guramukh Chouthhaa Padh Paae ||	The three qualities hold people in attachment to Maya. The Gurmukh attains the fourth state of higher consciousness.	(ਜਗਤ ਵਿਚ) ਤ੍ਰਿਗੁਣੀ ਮਾਇਆ ਦਾ ਮੋਹ (ਪਸਰ ਰਿਹਾ) ਹੈ ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹ ਉਸ ਆਤਮਕ ਦਰਜੇ ਨੂੰ ਹਾਸਲ ਕਰ ਲੈਂਦਾ ਹੈ ਜਿੱਥੇ ਮਾਇਆ ਦੇ ਤਿੰਨ ਗੁਣਾਂ ਦਾ ਜ਼ੋਰ ਨਹੀਂ ਪੈ ਸਕਦਾ।
1260	30	ਕਰਿ ਕਿਰਪਾ ਮੇਲਾਇਅਨੁ ਹਰਿ ਨਾਮੁ ਵਸਿਆ ਮਨਿ ਆਇ॥		Kar Kirapaa Maelaaeian Har Naam Vasiaa Man Aae ||	Granting His Grace, God unites us with Himself. The Name of the Lord comes to abide within the mind.	ਪਰਮਾਤਮਾ ਨੇ ਮਿਹਰ ਕਰ ਕੇ ਜਿਨ੍ਹਾਂ ਮਨੁੱਖਾਂ ਨੂੰ ਆਪਣੇ ਚਰਨਾਂ ਵਿਚ ਮਿਲਾਇਆ ਹੈ ਉਹਨਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ।

1261	30	ਪੋਤੈ ਜਿਨ ਕੈ ਪੁੰਨੁ ਹੈ ਤਿਨ ਸਤਸੰਗਤਿ ਮੇਲਾਇ॥੧॥	(ਪੋਤੈ) ਖਜ਼ਾਨੇ	Pothai Jin Kai Punn Hai Thin Sathasangath Maelaae ||1||	Those who have the treasure of goodness join the Sat Sangat, the True Congregation. ||1||	ਜਿਨ੍ਹਾਂ ਦੇ ਭਾਗਾਂ ਵਿਚ ਨੇਕੀ ਹੈ, ਪਰਮਾਤਮਾ ਉਹਨਾਂ ਨੂੰ ਸਾਧ ਸੰਗਤਿ ਵਿਚ ਮਿਲਾਂਦਾ ਹੈ ॥੧॥
1262	30	ਭਾਈ ਰੇ ਗੁਰਮਤਿ ਸਾਚਿ ਰਹਾਉ॥		Bhaaee Rae Guramath Saach Rehaao ||	O Siblings of Destiny, follow the Guru's Teachings and dwell in truth.	ਹੇ ਭਾਈ! ਗੁਰੂ ਦੀ ਮਤਿ ਲੈ ਕੇ ਸਦਾ-ਥਿਰ ਪ੍ਰਭੂ ਵਿਚ ਟਿਕੇ ਰਹੁ।
1263	30	ਸਾਚੋ ਸਾਚੁ ਕਮਾਵਣਾ ਸਾਚੈ ਸਬਦਿ ਮਿਲਾਉ॥੧॥ਰਹਾਉ ॥		Saacho Saach Kamaavanaa Saachai Sabadh Milaao ||1|| Rehaao ||	Practice truth, and only truth, and merge in the True Word of the Shabad. ||1||Pause||	ਸਦਾ-ਥਿਰ ਪ੍ਰਭੂ ਦੇ ਸਿਮਰਨ ਦੀ ਹੀ ਕਮਾਈ ਕਰੋ, ਸਦਾ-ਥਿਰ ਪਰਮਾਤਮਾ ਦੀ ਸਿਫ਼ਤ-ਸਾਲਾਹ ਵਿਚ ਜੁੜੇ ਰਹੋ ॥੧॥ ਰਹਾਉ ॥
1264	30	ਜਿਨੀ ਨਾਮੁ ਪਛਾਣਿਆ ਤਿਨ ਵਿਟਹੁ ਬਲਿ ਜਾਉ॥	(ਵਿਟਹੁ) ਉੱਤੋਂ	Jinee Naam Pashhaaniaa Thin Vittahu Bal Jaao ||	I am a sacrifice to those who recognize the Naam, the Name of the Lord.	ਮੈਂ ਉਹਨਾਂ ਗੁਰਮੁਖਾਂ ਤੋਂ ਸਦਕੇ ਜਾਂਦਾ ਹਾਂ, ਜਿਨ੍ਹਾਂ ਨੇ ਪਰਮਾਤਮਾ ਦੇ ਨਾਮ ਦੀ ਕਦਰ ਸਮਝੀ ਹੈ।
1265	30	ਆਪੁ ਛੋਡਿ ਚਰਣੀ ਲਗਾ ਚਲਾ ਤਿਨ ਕੈ ਭਾਇ॥	ਲੱਗਾਂ ਚੱਲਾਂ	Aap Shhodd Charanee Lagaa Chalaa Thin Kai Bhaae ||	Renouncing selfishness, I fall at their feet, and walk in harmony with His Will.	ਆਪਾ-ਭਾਵ ਤਿਆਗ ਕੇ ਮੈਂ ਉਹਨਾਂ ਦੀ ਚਰਨੀਂ ਲੱਗਦਾ ਹਾਂ, ਮੈਂ ਉਹਨਾਂ ਦੇ ਪਿਆਰ ਅਨੁਸਾਰ ਹੋ ਕੇ ਤੁਰਦਾ ਹਾਂ।

1266	30	ਲਾਹਾ ਹਰਿ ਹਰਿ ਨਾਮੁ ਮਿਲੈ ਸਹਜੇ ਨਾਮਿ ਸਮਾਇ॥੨॥		Laahaa Har Har Naam Milai Sehajae Naam Samaae ||2||	Earning the Profit of the Name of the Lord, Har, Har, I am intuitively absorbed in the Naam. ||2||	(ਜੇਹੜਾ ਮਨੁੱਖ ਨਾਮ ਜਪਣ ਵਾਲਿਆਂ ਦੀ ਸਰਨ ਪੈਂਦਾ ਹੈ ਉਹ) ਆਤਮਕ ਅਡੋਲਤਾ ਦੀ ਰਾਹੀਂ ਪਰਮਾਤਮਾ ਦੇ ਨਾਮ ਵਿਚ ਲੀਨ ਹੋ ਜਾਂਦਾ ਹੈ, ਉਸ ਨੂੰ ਪ੍ਰਭੂ ਦਾ ਨਾਮ (-ਰੂਪ) ਲਾਭ ਹਾਸਲ ਹੋ ਜਾਂਦਾ ਹੈ ॥੨॥
1267	30	ਬਿਨੁ ਗੁਰ ਮਹਲੁ ਨ ਪਾਈਐ ਨਾਮੁ ਨ ਪਰਾਪਤਿ ਹੋਇ॥		Bin Gur Mehal N Paaeeai Naam N Paraapath Hoe ||	Without the Guru, the Mansion of the Lord's Presence is not found, and the Naam is not obtained.	ਗੁਰੂ ਦੀ ਸਰਨ ਤੋਂ ਬਿਨਾ ਪਰਮਾਤਮਾ ਦਾ ਦਰ ਨਹੀਂ ਲੱਭਦਾ, ਪ੍ਰਭੂ ਦਾ ਨਾਮ ਨਹੀਂ ਮਿਲਦਾ।
1268	30	ਐਸਾ ਸਤਗੁਰੁ ਲੋੜਿ ਲਹੁ ਜਿਦੂ ਪਾਈਐ ਸਚੁ ਸੋਇ॥	(ਲੋੜਿ) ਲੱਭ ਲਵੋ। ਜਿੱਦੂ	Aisaa Sathagur Lorr Lahu Jidhoo Paaeeai Sach Soe ||	Seek and find such a True Guru, who shall lead you to the True Lord.	(ਹੇ ਭਾਈ! ਤੂੰ ਭੀ) ਅਜੇਹਾ ਗੁਰੂ ਲੱਭ ਲੈ, ਜਿਸ ਪਾਸੋਂ ਉਹ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਮਿਲ ਪਏ।
1269	30	ਅਸੁਰ ਸੰਘਾਰੈ ਸੁਖਿ ਵਸੈ ਜੋ ਤਿਸੁ ਭਾਵੈ ਸੁ ਹੋਇ॥੩॥	(ਅ-ਸੁਰ) ਵਿਕਾਰ ਔਗੁਣ। (ਸੰਘਾਰੈ) ਨਾਸ ਕਰੇ	Asur Sanghaarai Sukh Vasai Jo This Bhaavai S Hoe ||3||	Destroy your evil passions, and you shall dwell in peace. Whatever pleases the Lord comes to pass. ||3||	(ਜੇਹੜਾ ਮਨੁੱਖ ਗੁਰੂ ਦੀ ਰਾਹੀਂ ਪਰਮਾਤਮਾ ਨੂੰ ਲੱਭ ਲੈਂਦਾ ਹੈ) ਉਹ ਕਾਮਾਦਿਕ ਦੈਂਤਾਂ ਨੂੰ ਮਾਰ ਲੈਂਦਾ ਹੈ, ਉਹ ਆਤਮਕ ਆਨੰਦ ਵਿਚ ਟਿਕਿਆ ਰਹਿੰਦਾ ਹੈ (ਉਸਨੂੰ ਨਿਸਚਾ ਹੋ ਜਾਂਦਾ ਹੈ ਕਿ) ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ ॥੩॥

1270	30	ਜੇਹਾ ਸਤਿਗੁਰੁ ਕਰਿ ਜਾਣਿਆ ਤੇਹੋ ਜੇਹਾ ਸੁਖੁ ਹੋਇ॥		Jaehaa Sathagur Kar Jaaniaa Thaeho Jaehaa Sukh Hoe ||	As one knows the True Guru, so is the peace obtained.	ਕੋਈ ਭੀ ਮਨੁੱਖ (ਗੁਰੂ-ਚਰਨਾਂ ਵਿਚ) ਸਰਧਾ ਬਣ ਕੇ ਵੇਖ ਲਏ, ਸਤਿਗੁਰੂ ਨੂੰ ਜਿਹੋ ਜਿਹਾ ਕਿਸੇ ਨੇ ਸਮਝਿਆ ਹੈ ਉਸ ਨੂੰ ਉਹੋ ਜਿਹਾ ਆਤਮਕ ਆਨੰਦ ਪ੍ਰਾਪਤ ਹੋਇਆ ਹੈ।
1271	30	ਏਹੁ ਸਹਸਾ ਮੂਲੇ ਨਾਹੀ ਭਾਉ ਲਾਏ ਜਨੁ ਕੋਇ॥		Eaehu Sehasaa Moolae Naahee Bhaao Laaeae Jan Koe ||	There is no doubt at all about this, but those who love Him are very rare.	ਇਸ ਵਿਚ ਰਤਾ ਭਰ ਭੀ ਸ਼ੱਕ ਨਹੀਂ ਹੈ, (ਭਾਵੇਂ ਕੋਈ ਵੀ ਮਨੁੱਖ ਸਤਿਗੁਰੂ ਨਾਲ ਪਿਆਰ ਕਰ ਕੇ ਦੇਖ ਲਵੇ।) (ਕਿਉਂਕਿ)
1272	30	ਨਾਨਕ ਏਕ ਜੋਤਿ ਦੁਇ ਮੂਰਤੀ ਸਬਦਿ ਮਿਲਾਵਾ ਹੋਇ॥੪॥੧੧॥੪੪॥		Naanak Eaek Joth Dhue Moorathee Sabadh Milaavaa Hoe ||4||11||44||	O Nanak, the One Light has two forms; through the Shabad, union is attained. ||4||11||44||	ਹੇ ਨਾਨਕ! (ਜਿਸ ਸਿੱਖ ਦਾ ਗੁਰੂ ਨਾਲ ਗੁਰੂ ਦੇ) ਸ਼ਬਦ ਦੀ ਰਾਹੀਂ ਮਿਲਾਪ ਹੋ ਜਾਂਦਾ ਹੈ, (ਉਸ ਸਿੱਖ ਅਤੇ ਗੁਰੂ ਦੀ) ਜੋਤਿ ਇੱਕ ਹੋ ਜਾਂਦੀ ਹੈ, ਸਰੀਰ ਭਾਵੇਂ ਦੋ ਹੁੰਦੇ ਹਨ ॥੪॥੧੧॥੪੪॥
1273	31	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1274	31	ਅੰਮ੍ਰਿਤੁ ਛੋਡਿ ਬਿਖਿਆ ਲੋਭਾਣੇ ਸੇਵਾ ਕਰਹਿ ਵਿਡਾਣੀ॥	ਪ੍ਰਮਾਤਮਾ ਬਿਨਾ (ਵਿਡਾਣੀ) ਦੂਜੇ ਦੀ	Anmrith Shhodd Bikhiaa Lobhaanae Saevaa Karehi Viddaanee ||	Discarding the Ambrosial Nectar, they greedily grab the poison; they serve others, instead of the Lord.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਛੱਡ ਕੇ ਮਾਇਆ ਵਿਚ ਮਸਤ ਹੁੰਦੇ ਹਨ (ਤੇ, ਮਾਇਆ ਦੀ ਖ਼ਾਤਰ) ਹੋਰ ਹੋਰ ਦੀ (ਸੇਵਾ ਖ਼ੁਸ਼ਾਮਦ) ਕਰਦੇ ਫਿਰਦੇ ਹਨ।

1275	31	ਆਪਣਾ ਧਰਮੁ ਗਵਾਵਹਿ ਬੂਝਹਿ ਨਾਹੀ ਅਨ ਦਿਨੁ ਦੁਖਿ ਵਿਹਾਣੀ॥	(ਵਿਹਾਣੀ) ਬਤੀਤ ਕਰਨਾ	Aapanaa Dhharam Gavaavehi Boojhehi Naahee Anadhin Dhukh Vihaanee ||	They lose their faith, they have no understanding; night and day, they suffer in pain.	(ਇਸ ਤਰ੍ਹਾਂ ਉਹ) ਆਪਣਾ (ਮਨੁੱਖਾ ਜਨਮ ਦਾ) ਫ਼ਰਜ਼ ਭੁਲਾ ਬੈਠਦੇ ਹਨ (ਪਰ) ਸਮਝਦੇ ਨਹੀਂ, ਤੇ (ਉਹਨਾਂ ਦੀ ਉਮਰ) ਹਰ ਵੇਲੇ ਦੁੱਖ ਵਿਚ ਬੀਤਦੀ ਹੈ।
1276	31	ਮਨਮੁਖ ਅੰਧੁ ਨ ਚੇਤਹੀ ਡੂਬਿ ਮੁਏ ਬਿਨੁ ਪਾਣੀ॥੧॥		Manamukh Andhh N Chaethehee Ddoob Mueae Bin Paanee ||1||	The blind, self-willed manmukhs do not even think of the Lord; they are drowned to death without water. ||1||	(ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਮਨਮੁਖ ਪਰਮਾਤਮਾ ਨੂੰ ਨਹੀਂ ਯਾਦ ਕਰਦੇ, ਪਾਣੀ ਤੋਂ ਬਿਨਾ ਹੀ ਡੁੱਬ ਮਰਦੇ ਹਨ (ਭਾਵ, ਵਿਕਾਰਾਂ ਵਿਚ ਗ਼ਲਤਾਨ ਹੋ ਕੇ ਆਤਮਕ ਮੌਤ ਸਹੇੜ ਲੈਂਦੇ ਹਨ ਤੇ ਪ੍ਰਾਪਤ ਭੀ ਕੁਝ ਨਹੀਂ ਹੁੰਦਾ) ॥੧॥
1277	31	ਮਨ ਰੇ ਸਦਾ ਭਜਹੁ ਹਰਿ ਸਰਣਾਈ॥	ਭਜਹੁ: ਪੋਲਾ ਬੋਲੋ	Man Rae Sadhaa Bhajahu Har Saranaaee ||	O mind, vibrate and meditate forever on the Lord; seek the Protection of His Sanctuary.	ਹੇ (ਮੇਰੇ) ਮਨ! ਸਦਾ ਪਰਮਾਤਮਾ ਦੀ ਸਰਨ ਪਿਆ ਰਹੁ।
1278	31	ਗੁਰ ਕਾ ਸਬਦੁ ਅੰਤਰਿ ਵਸੈ ਤਾ ਹਰਿ ਵਿਸਰਿ ਨ ਜਾਈ॥੧॥ਰਹਾਉ॥		Gur Kaa Sabadh Anthar Vasai Thaa Har Visar N Jaaee ||1|| Rehaao ||	If the Word of the Guru's Shabad abides deep within, then you shall not forget the Lord. ||1||Pause||	(ਪਰ ਪਰਮਾਤਮਾ ਦੀ ਸਰਨ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਾਪਤ ਹੁੰਦੀ ਹੈ) ਜਦੋਂ ਗੁਰੂ ਦਾ ਸ਼ਬਦ ਹਿਰਦੇ ਵਿਚ ਆ ਵੱਸੇ, ਤਦੋਂ ਪਰਮਾਤਮਾ (ਹਿਰਦੇ ਵਿਚੋਂ) ਨਹੀਂ ਵਿਸਰਦਾ ॥੧॥ ਰਹਾਉ ॥

1279	31	ਇਹੁ ਸਰੀਰੁ ਮਾਇਆ ਕਾ ਪੁਤਲਾ ਵਿਚਿ ਹਉਮੈ ਦੁਸਟੀ ਪਾਈ॥	(ਦੁਸਟੀ) ਨੀਚਤਾ। ਪੁਤਲਾ: ਪੋਲਾ ਬੋਲੋ	Eihu Sareer Maaeiaa Kaa Puthalaa Vich Houmai Dhusattee Paaee ||	This body is the puppet of Maya. The evil of egotism is within it.	ਮਨਮੁਖ ਦਾ ਇਹ ਸਰੀਰ ਮਾਇਆ ਦਾ ਪੁਤਲਾ ਬਣਿਆ ਰਹਿੰਦਾ ਹੈ (ਭਾਵ, ਮਨਮੁਖ ਮਾਇਆ ਦੇ ਹੱਥਾਂ ਤੇ ਨੱਚਦਾ ਰਹਿੰਦਾ ਹੈ) ਮਨਮੁਖ ਦੇ ਹਿਰਦੇ ਵਿਚ ਹਉਮੈ ਟਿਕੀ ਰਹਿੰਦੀ ਹੈ ਵਿਕਾਰਾਂ ਦਾ ਭੈੜ ਟਿਕਿਆ ਰਹਿੰਦਾ ਹੈ।
1280	31	ਆਵਣੁ ਜਾਣਾ ਜੰਮਣੁ ਮਰਣਾ ਮਨਮੁਖਿ ਪਤਿ ਗਵਾਈ॥		Aavan Jaanaa Janman Maranaa Manamukh Path Gavaaee ||	Coming and going through birth and death, the self-willed manmukhs lose their honor.	ਉਸ ਦਾ ਜਗਤ ਵਿਚ ਆਉਣਾ ਜਾਣਾ ਜੰਮਣਾ ਮਰਨਾ ਸਦਾ ਬਣਿਆ ਰਹਿੰਦਾ ਹੈ, ਮਨਮੁਖ ਨੇ (ਲੋਕ ਪਰਲੋਕ ਵਿਚ) ਇੱਜ਼ਤ ਭੀ ਗਵਾ ਲਈ।
1281	31	ਸਤਗੁਰੁ ਸੇਵਿ ਸਦਾ ਸੁਖੁ ਪਾਇਆ ਜੋਤੀ ਜੋਤਿ ਮਿਲਾਈ॥੨॥		Sathagur Saev Sadhaa Sukh Paaeiaa Jothee Joth Milaaee ||2||	Serving the True Guru, eternal peace is obtained, and one's light merges into the Light. ||2||	ਜਿਸ ਨੇ ਸਤਿਗੁਰੂ ਦੀ ਦੱਸੀ ਸੇਵਾ ਕੀਤੀ, ਉਸ ਨੇ ਆਤਮਕ ਆਨੰਦ ਮਾਣਿਆ, ਉਸ ਦੀ ਜੋਤਿ, ਪ੍ਰਭੂ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ ॥੨॥
1282	31	ਸਤਗੁਰ ਕੀ ਸੇਵਾ ਅਤਿ ਸੁਖਾਲੀ ਜੋ ਇਛੇ ਸੋ ਫਲੁ ਪਾਏ॥		Sathagur Kee Saevaa Ath Sukhaalee Jo Eishhae So Fal Paaeae ||	Serving the True Guru brings a deep and profound peace, and one's desires are fulfilled.	ਸਤਿਗੁਰੂ ਦੀ ਦੱਸੀ ਸੇਵਾ ਬਹੁਤ ਸੁਖ ਦੇਣ ਵਾਲੀ ਹੈ (ਜੇਹੜਾ ਮਨੁੱਖ ਸੇਵਾ ਕਰਦਾ ਹੈ ਉਹ) ਜੋ ਕੁਝ ਇੱਛਾ ਕਰਦਾ ਹੈ ਉਹੀ ਫਲ ਹਾਸਲ ਕਰ ਲੈਂਦਾ ਹੈ।

1283	31	ਜਤੁ ਸਤੁ ਤਪੁ ਪਵਿਤੁ ਸਰੀਰਾ ਹਰਿ ਹਰਿ ਮੰਨਿ ਵਸਾਏ॥		Jath Sath Thap Pavith Sareeraa Har Har Mann Vasaaeae ||	Abstinence, truthfulness and self-discipline are obtained, and the body is purified; the Lord, Har, Har, comes to dwell within the mind.	ਗੁਰੂ ਦੀ ਦੱਸੀ ਸੇਵਾ ਹੀ ਜਤ ਸਤ ਤਪ (ਦਾ ਮੂਲ) ਹੈ, (ਗੁਰਮੁਖ ਦਾ) ਸਰੀਰ ਪਵਿਤ੍ਰ ਹੋ ਜਾਂਦਾ ਹੈ, ਉਹ ਪਰਮਾਤਮਾ ਦੇ ਨਾਮ ਨੂੰ ਆਪਣੇ ਮਨ ਵਿਚ ਵਸਾ ਲੈਂਦਾ ਹੈ।
1284	31	ਸਦਾ ਅਨੰਦਿ ਰਹੈ ਦਿਨੁ ਰਾਤੀ ਮਿਲਿ ਪ੍ਰੀਤਮ ਸੁਖੁ ਪਾਏ॥੩॥		Sadhaa Anandh Rehai Dhin Raathee Mil Preetham Sukh Paaeae ||3||	Such a person remains blissful forever, day and night. Meeting the Beloved, peace is found. ||3||	ਗੁਰਮੁਖ ਦਿਨ ਰਾਤ ਹਰ ਵੇਲੇ ਅਨੰਦ ਵਿਚ ਟਿਕਿਆ ਰਹਿੰਦਾ ਹੈ, ਪ੍ਰੀਤਮ-ਪ੍ਰਭੂ ਨੂੰ ਮਿਲ ਕੇ ਉਹ ਆਤਮਕ ਸੁਖ ਮਾਣਦਾ ਹੈ ॥੩॥
1285	31	ਜੋ ਸਤਗੁਰ ਕੀ ਸਰਣਾਗਤੀ ਹਉ ਤਿਨ ਕੈ ਬਲਿ ਜਾਉ॥		Jo Sathagur Kee Saranaagathee Ho Thin Kai Bal Jaao ||	I am a sacrifice to those who seek the Sanctuary of the True Guru.	ਜੇਹੜੇ ਮਨੁੱਖ ਸਤਿਗੁਰੂ ਦੀ ਸਰਨ ਪੈਂਦੇ ਹਨ, ਮੈਂ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ।
1286	31	ਦਰਿ ਸਚੈ ਸਚੀ ਵਡਿਆਈ ਸਹਜੇ ਸਚਿ ਸਮਾਉ॥		Dhar Sachai Sachee Vaddiaaee Sehajae Sach Samaao ||	In the Court of the True One, they are blessed with true greatness; they are intuitively absorbed into the True Lord.	ਉਹਨਾਂ ਨੂੰ ਸਦਾ-ਥਿਰ ਪ੍ਰਭੂ ਦੇ ਦਰ ਤੇ ਸਦਾ ਲਈ ਇੱਜ਼ਤ ਮਿਲ ਜਾਂਦੀ ਹੈ, ਆਤਮਕ ਅਡੋਲਤਾ ਦੀ ਬਰਕਤਿ ਨਾਲ ਉਹਨਾਂ ਨੂੰ ਸਦਾ-ਥਿਰ ਪ੍ਰਭੂ ਵਿਚ ਲੀਨਤਾ ਪ੍ਰਾਪਤ ਹੋ ਜਾਂਦੀ ਹੈ।

1287	31	ਨਾਨਕ ਨਦਰੀ ਪਾਈਐ ਗੁਰਮੁਖਿ ਮੇਲਿ ਮਿਲਾਉ॥੪॥੧੨॥੪੫॥		Naanak Nadharee Paaeeai Guramukh Mael Milaao ||4||12||45||	O Nanak, by His Glance of Grace He is found; the Gurmukh is united in His Union. ||4||12||45||	ਹੇ ਨਾਨਕ! ਇਹੋ ਜਿਹੇ ਗੁਰਮੁਖਾਂ ਦੀ ਸੰਗਤ ਵਿਚ ਮਿਲਾਪ ਪਰਮਾਤਮਾ ਦੀ ਮਿਹਰ ਦੀ ਨਜ਼ਰ ਨਾਲ ਹੀ ਮਿਲਦਾ ਹੈ ॥੪॥੧੨॥੪੫॥
1288	31	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1289	31	ਮਨਮੁਖ ਕਰਮ ਕਮਾਵਣੇ ਜਿਉ ਦੋਹਾਗਣਿ ਤਨਿ ਸੀਗਾਰੁ॥	(ਦੋਹਾਗਣਿ) ਛੁੱਟੜ। ਕਮਾਵਣੇ: ਵਾਵਾ ਭਰਵਾਂ ਬੋਲੋ, ਵਾਵੇ ਨੂੰ ਮੰਮਾ ਨ ਬੋਲੋ	Manamukh Karam Kamaavanae Jio Dhohaagan Than Seegaar ||	The self-willed manmukh performs religious rituals, like the unwanted bride decorating her body.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੇ (ਧਾਰਮਿਕ) ਕੰਮ ਕਮਾਣੇ ਇਉਂ ਹਨ ਜਿਵੇਂ ਕੋਈ ਛੁੱਟੜ ਇਸਤ੍ਰੀ (ਆਪਣੇ) ਸਰੀਰ ਉੱਤੇ ਸਿੰਗਾਰ ਕਰਦੀ ਹੈ।
1290	31	ਸੇਜੈ ਕੰਤੁ ਨ ਆਵਈ ਨਿਤ ਨਿਤ ਹੋਇ ਖੁਆਰੁ॥	(ਖੁਆਰੁ) ਦੁਖੀ, ਬੇਪਤ	Saejai Kanth N Aavee Nith Nith Hoe Khuaar ||	Her Husband Lord does not come to her bed; day after day, she grows more and more miserable.	ਉਸ ਦਾ ਪਤੀ (ਉਸ ਦੀ) ਸੇਜ ਉਤੇ (ਕਦੇ) ਨਹੀਂ ਆਉਂਦਾ, ਉਹ ਵਿਅਰਥ ਸਿੰਗਾਰ ਕਰ ਕੇ) ਸਦਾ ਖ਼ੁਆਰ ਹੁੰਦੀ ਹੈ।
1291	31	ਪਿਰ ਕਾ ਮਹਲੁ ਨ ਪਾਵਈ ਨਾ ਦੀਸੈ ਘਰੁ ਬਾਰੁ॥੧॥		Pir Kaa Mehal N Paavee Naa Dheesai Ghar Baar ||1||	She does not attain the Mansion of His Presence; she does not find the door to His House. ||1||	(ਇਸੇ ਤਰ੍ਹਾਂ ਮਨਮੁਖ ਮਨੁੱਖ ਵਿਖਾਏ ਦੇ ਧਾਰਮਿਕ ਕੰਮਾਂ ਨਾਲ) ਪ੍ਰਭੂ-ਪਤੀ ਦੀ ਹਜ਼ੂਰੀ ਨਹੀਂ ਪ੍ਰਾਪਤ ਕਰ ਸਕਦਾ, ਉਸ ਨੂੰ ਪ੍ਰਭੂ ਦਾ ਦਰ-ਘਰ ਨਹੀਂ ਦਿੱਸਦਾ ॥੧॥

1292	31	ਭਾਈ ਰੇ ਇਕ ਮਨਿ ਨਾਮੁ ਧਿਆਇ॥		Bhaaee Rae Eik Man Naam Dhhiaae ||	O Siblings of Destiny, meditate on the Naam with one-pointed mind.	ਹੇ ਭਾਈ! ਇਕਾਗ੍ਰ-ਮਨ ਹੋ ਕੇ ਪਰਾਮਤਮਾ ਦਾ ਨਾਮ ਸਿਮਰ।
1293	31	ਸੰਤਾ ਸੰਗਤਿ ਮਿਲਿ ਰਹੈ ਜਪਿ ਰਾਮ ਨਾਮੁ ਸੁਖੁ ਪਾਇ॥੧॥ਰਹਾਉ॥		Santhaa Sangath Mil Rehai Jap Raam Naam Sukh Paae ||1|| Rehaao ||	Remain united with the Society of the Saints; chant the Name of the Lord, and find peace. ||1||Pause||	ਜੇਹੜਾ ਮਨੁੱਖ ਸਾਧ ਸੰਗਤਿ ਵਿਚ ਟਿਕਿਆ ਰਹਿੰਦਾ ਹੈ ਉਹ ਪਰਮਾਤਮਾ ਦਾ ਨਾਮ ਸਿਮਰ ਕੇ ਸੁਖ ਮਾਣਦਾ ਹੈ ॥੧॥ ਰਹਾਉ ॥
1294	31	ਗੁਰਮੁਖਿ ਸਦਾ ਸੋਹਾਗਣੀ ਪਿਰੁ ਰਾਖਿਆ ਉਰ ਧਾਰਿ॥		Guramukh Sadhaa Sohaaganee Pir Raakhiaa Our Dhhaar ||	The Gurmukh is the happy and pure soul-bride forever. She keeps her Husband Lord enshrined within her heart.	ਸਦਾ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਸੁਹਾਗਣਾਂ (ਵਾਂਗ) ਹਨ, ਉਹ ਪ੍ਰਭੂ-ਪਤੀ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੇ ਹਨ।
1295	31	ਮਿਠਾ ਬੋਲਹਿ ਨਿਵਿ ਚਲਹਿ ਸੇਜੈ ਰਵੈ ਭਤਾਰੁ॥		Mithaa Bolehi Niv Chalehi Saejai Ravai Bhathaar ||	Her speech is sweet, and her way of life is humble. She enjoys the Bed of her Husband Lord.	ਉਹ (ਸਭਨਾਂ ਨਾਲ) ਮਿੱਠੇ ਬੋਲ ਬੋਲਦੇ ਹਨ, ਨਿਉਂ ਕੇ ਤੁਰਦੇ ਹਨ (ਗਰੀਬੀ ਸੁਭਾਵ ਵਾਲੇ ਹੁੰਦੇ ਹਨ), ਉਹਨਾਂ ਦੇ ਹਿਰਦੇ-ਸੇਜ ਨੂੰ ਪ੍ਰਭੂ-ਪਤੀ ਮਾਣਦਾ ਹੈ।

1296	31	ਸੋਭਾਵੰਤੀ ਸੋਹਾਗਣੀ ਜਿਨ ਗੁਰ ਕਾ ਹੇਤੁ ਅਪਾਰੁ॥੨॥	(ਹੇਤੁ) ਪ੍ਰੇਮ	Sobhaavanthee Sohaaganee Jin Gur Kaa Haeth Apaar ||2||	The happy and pure soul-bride is noble; she has infinite love for the Guru. ||2||	ਜਿਨ੍ਹਾਂ ਮਨੁੱਖਾਂ ਨੇ ਗੁਰੂ ਦਾ ਅਤੁੱਟ ਪਿਆਰ (ਆਪਣੇ ਹਿਰਦੇ ਵਿਚ ਵਸਾਇਆ ਹੈ) ਉਹ ਉਹਨਾਂ ਸੁਹਾਗਣਾਂ ਵਾਂਗ ਹਨ ਜਿਨ੍ਹਾਂ ਸੋਭਾ ਖੱਟੀ ਹੈ ॥੨॥
1297	31	ਪੂਰੈ ਭਾਗਿ ਸਤਗੁਰੁ ਮਿਲੈ ਜਾ ਭਾਗੈ ਕਾ ਉਦਉ ਹੋਇ॥	(ਉਦਉ) ਜਾਗਣਾ ਪ੍ਰਗਟਣਾ	Poorai Bhaag Sathagur Milai Jaa Bhaagai Kaa Oudho Hoe ||	By perfect good fortune, one meets the True Guru, when one's destiny is awakened.	ਜਦੋਂ ਕਿਸੇ ਮਨੁੱਖ ਦਾ ਭਾਗ ਜਾਗ ਪਏ, ਤਾਂ ਵੱਡੀ ਕਿਸਮਤ ਨਾਲ ਉਸ ਨੂੰ ਸਤਿਗੁਰੂ ਮਿਲ ਪੈਂਦਾ ਹੈ।
1298	31	ਅੰਤਰਹੁ ਦੁਖੁ ਭ੍ਰਮੁ ਕਟੀਐ ਸੁਖੁ ਪਰਾਪਤਿ ਹੋਇ॥		Antharahu Dhukh Bhram Katteeai Sukh Paraapath Hoe ||	Suffering and doubt are cut out from within, and peace is obtained.	(ਗੁਰੂ ਦੇ ਮਿਲਣ ਨਾਲ) ਹਿਰਦੇ ਵਿਚੋਂ ਦੁੱਖ ਕੱਟਿਆ ਜਾਂਦਾ ਹੈ, ਭਟਕਣਾ ਦੂਰ ਹੋ ਜਾਂਦੀ ਹੈ, ਆਤਮਕ ਆਨੰਦ ਪ੍ਰਾਪਤ ਹੁੰਦਾ ਹੈ।
1299	31	ਗੁਰ ਕੈ ਭਾਣੈ ਜੋ ਚਲੈ ਦੁਖੁ ਨ ਪਾਵੈ ਕੋਇ॥੩॥		Gur Kai Bhaanai Jo Chalai Dhukh N Paavai Koe ||3||	One who walks in harmony with the Guru's Will shall not suffer in pain. ||3||	ਜੇਹੜਾ ਭੀ ਮਨੁੱਖ ਗੁਰੂ ਦੇ ਹੁਕਮ ਵਿਚ ਹੈ, ਉਹ ਕਦੇ ਦੁੱਖ ਨਹੀਂ ਪਾਂਦਾ ॥੩॥
1300	31	ਗੁਰ ਕੇ ਭਾਣੇ ਵਿਚਿ ਅੰਮ੍ਰਿਤੁ ਹੈ ਸਹਜੇ ਪਾਵੈ ਕੋਇ॥		Gur Kae Bhaanae Vich Anmrith Hai Sehajae Paavai Koe ||	The Amrit, the Ambrosial Nectar, is in the Guru's Will. With intuitive ease, it is obtained.	ਗੁਰੂ ਦੀ ਰਜ਼ਾ ਵਿਚ ਨਾਮ-ਅੰਮ੍ਰਿਤ ਹੈ (ਜੇਹੜਾ ਰਜ਼ਾ ਵਿਚ ਤੁਰਦਾ ਹੈ) ਉਹ ਆਤਮਕ ਅਡੋਲਤਾ ਵਿਚ ਟਿਕ ਕੇ ਅੰਮ੍ਰਿਤ ਪੀਂਦਾ ਹੈ।

1301	31	ਜਿਨਾ ਪਰਾਪਤਿ ਤਿਨ ਪੀਆ ਹਉਮੈ ਵਿਚਹੁ ਖੋਇ॥		Jinaa Paraapath Thin Peeaa Houmai Vichahu Khoe ||	Those who are destined to have it, drink it in; their egotism is eradicated from within.	ਜਿਨ੍ਹਾਂ ਮਨੁੱਖਾਂ ਨੂੰ ਇਹ ਅੰਮ੍ਰਿਤ ਲੱਭ ਪਿਆ, ਉਹਨਾਂ ਆਪਣੇ ਅੰਦਰੋਂ ਹਉਮੈ ਦੂਰ ਕਰ ਕੇ ਪੀਤਾ।
1302	31	ਨਾਨਕ ਗੁਰਮੁਖਿ ਨਾਮੁ ਧਿਆਈਐ ਸਚਿ ਮਿਲਾਵਾ ਹੋਇ॥੪॥੧੩॥੪੬॥		Naanak Guramukh Naam Dhhiaaeeai Sach Milaavaa Hoe ||4||13||46||	O Nanak, the Gurmukh meditates on the Naam, and is united with the True Lord. ||4||13||46||	ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਪ੍ਰਭੂ ਦਾ ਨਾਮ ਸਿਮਰਨਾ ਚਾਹੀਦਾ ਹੈ। (ਸਿਮਰਨ ਦੀ ਬਰਕਤਿ ਨਾਲ) ਸਦਾ-ਥਿਰ ਪ੍ਰਭੂ ਵਿਚ ਮੇਲ ਹੋ ਜਾਂਦਾ ਹੈ ॥੪॥੧੩॥੪੬॥
1303	31	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1304	31	ਜਾ ਪਿਰੁ ਜਾਣੈ ਆਪਣਾ ਤਨੁ ਮਨੁ ਅਗੈ ਧਰੇਇ॥	ਧਰੇ–ਇ	Jaa Pir Jaanai Aapanaa Than Man Agai Dhharaee ||	If you know that He is your Husband Lord, offer your body and mind to Him.	ਜਦੋਂ (ਕੋਈ ਜੀਵ-ਇਸਤ੍ਰੀ) ਪ੍ਰਭੂ-ਪਤੀ ਨੂੰ ਆਪਣਾ ਸਮਝ ਲੈਂਦੀ ਹੈ (ਭਾਵ, ਪ੍ਰਭੂ-ਪਤੀ ਨਾਲ ਯਾਦ ਦੀ ਰਾਹੀਂ ਡੂੰਘੀ ਸਾਂਝ ਪਾ ਲੈਂਦੀ ਹੈ) ਤਾਂ ਉਹ ਆਪਣਾ ਮਨ ਉਸ ਦੇ ਹਵਾਲੇ ਕਰ ਦੇਂਦੀ ਹੈ (ਭਾਵ, ਆਪਣੇ ਮਨ ਦੇ ਪਿੱਛੇ ਤੁਰਨਾ ਛੱਡ ਦੇਂਦੀ ਹੈ) ਆਪਣਾ ਸਰੀਰ ਭੀ ਹਵਾਲੇ ਕਰ ਦੇਂਦੀ ਹੈ (ਭਾਵ, ਗਿਆਨ-ਇੰਦ੍ਰੇ ਮਾਇਆ ਵਲੋਂ ਹਟ ਜਾਂਦੇ ਹਨ)।

1305	31	ਸੋਹਾਗਣੀ ਕਰਮ ਕਮਾਵਦੀਆ ਸੇਈ ਕਰਮ ਕਰੇਇ॥		Sohaaganee Karam Kamaavadheeaa Saeee Karam Karaee ||	Behave like the happy and pure soul-bride.	ਉਹ ਜੀਵ-ਇਸਤ੍ਰੀ ਉਹੀ ਉੱਦਮ ਕਰਦੀ ਹੈ ਜੋ ਭਗਤ-ਜਨ ਕਰਦੇ ਹਨ।
1306	31	ਸਹਜੇ ਸਾਚਿ ਮਿਲਾਵੜਾ ਸਾਚੁ ਵਡਾਈ ਦੇਇ॥੧॥		Sehajae Saach Milaavarraa Saach Vaddaaee Dhaee ||1||	With intuitive ease, you shall merge with the True Lord, and He shall bless you with true greatness. ||1||	(ਇਸ ਤਰ੍ਹਾਂ) ਆਤਮਕ ਅਡੋਲਤਾ ਵਿਚ ਟਿਕਣ ਕਰਕੇ ਸਦਾ-ਥਿਰ ਪ੍ਰਭੂ ਵਿਚ ਉਸ ਦਾ ਮਿਲਾਪ ਹੋ ਜਾਂਦਾ ਹੈ, ਸਦਾ-ਥਿਰ ਪਰਮਾਤਮਾ ਉਸ ਨੂੰ (ਆਪਣੇ ਦਰ ਤੇ) ਇੱਜ਼ਤ ਦੇਂਦਾ ਹੈ ॥੧॥
1307	31	ਭਾਈ ਰੇ ਗੁਰ ਬਿਨੁ ਭਗਤਿ ਨ ਹੋਇ॥		Bhaaee Rae Gur Bin Bhagath N Hoe ||	O Siblings of Destiny, without the Guru, there is no devotional worship.	ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ ਪਰਮਾਤਮਾ ਦੀ ਭਗਤ ਨਹੀਂ ਹੋ ਸਕਦੀ।
1308	31	ਬਿਨੁ ਗੁਰ ਭਗਤਿ ਨ ਪਾਈਐ ਜੇ ਲੋਚੈ ਸਭੁ ਕੋਇ॥੧॥ਰਹਾਉ॥		Bin Gur Bhagath N Paaeeai Jae Lochai Sabh Koe ||1|| Rehaao ||	Without the Guru, devotion is not obtained, even though everyone may long for it. ||1||Pause||	ਜੇ ਹਰੇਕ ਜੀਵ ਭੀ (ਪਰਮਾਤਮਾ ਦੀ ਭਗਤੀ ਵਾਸਤੇ) ਤਾਂਘ ਕਰੇ, ਤਾਂ ਭੀ ਗੁਰੂ ਦੀ ਸਰਨ ਤੋਂ ਬਿਨਾ ਭਗਤੀ (ਦੀ ਦਾਤਿ) ਨਹੀਂ ਮਿਲ ਸਕਦੀ ॥੧॥ ਰਹਾਉ ॥
1309	31	ਲਖ ਚਉਰਾਸੀਹ ਫੇਰੁ ਪਇਆ ਕਾਮਣਿ ਦੂਜੈ ਭਾਇ॥	ਪ-ਇਆ: ਪੱਪੇ ਸਿਹਾਰੀ ਨਹੀਂ, ਮੁਕਤਾ ਬੋਲੋ, ਪਿਆ ਨਾ ਬੋਲੋ	Lakh Chouraaseeh Faer Paeiaa Kaaman Dhoojai Bhaae ||	The soul-bride in love with duality goes around the wheel of reincarnation, through 8.4 million incarnations.	ਪਰ ਜੇਹੜੀ ਜੀਵ-ਇਸਤ੍ਰੀ ਮਾਇਆ ਦੇ ਪਿਆਰ ਵਿਚ ਰਹਿੰਦੀ ਹੈ ਉਸ ਨੂੰ ਚੌਰਾਸੀ ਲੱਖ ਜੂਨਾਂ ਦਾ ਗੇੜ ਭੁਗਤਣਾ ਪੈਂਦਾ ਹੈ।

1310	31	ਬਿਨੁ ਗੁਰ ਨੀਦ ਨ ਆਵਈ ਦੁਖੀ ਰੈਣਿ ਵਿਹਾਇ॥		Bin Gur Needh N Aavee Dhukhee Rain Vihaae ||	Without the Guru, she finds no sleep, and she passes her life-night in pain.	ਗੁਰੂ ਦੀ ਸਰਨ ਪੈਣ ਤੋਂ ਬਿਨਾ ਉਸ ਨੂੰ ਆਤਮਕ ਸ਼ਾਂਤੀ ਨਸੀਬ ਨਹੀਂ ਹੁੰਦੀ, ਉਸ ਦੀ (ਜ਼ਿੰਦਗੀ ਦੀ) ਰਾਤ ਦੁੱਖਾਂ ਵਿਚ ਗੁਜ਼ਰਦੀ ਹੈ।
1311	31	ਬਿਨੁ ਸਬਦੈ ਪਿਰੁ ਨ ਪਾਈਐ ਬਿਰਥਾ ਜਨਮੁ ਗਵਾਇ॥੨॥		Bin Sabadhai Pir N Paaeeai Birathhaa Janam Gavaae ||2||	Without the Shabad, she does not find her Husband Lord, and her life wastes away in vain. ||2||	ਗੁਰੂ ਦੇ ਸ਼ਬਦ ਤੋਂ ਬਿਨਾ ਪ੍ਰਭੂ-ਪਤੀ ਨਹੀਂ ਮਿਲਦਾ (ਜੇਹੜਾ ਮਨੁੱਖ ਗੁਰੂ ਦੇ ਸ਼ਬਦ ਤੋਂ ਵਾਂਜਿਆ ਰਹਿੰਦਾ ਹੈ) ਉਹ ਆਪਣਾ ਮਨੁੱਖਾ ਜਨਮ ਜ਼ਾਇਆ ਕਰ ਲੈਂਦਾ ਹੈ ॥੨॥
1312	32	ਹਉ ਹਉ ਕਰਤੀ ਜਗੁ ਫਿਰੀ ਨਾ ਧਨੁ ਸੰਪੈ ਨਾਲਿ॥		Ho Ho Karathee Jag Firee Naa Dhhan Sanpai Naal ||	Practicing egotism, selfishness and conceit, she wanders around the world, but her wealth and property will not go with her.	(ਲੁਕਾਈ ਆਮ ਤੌਰ ਤੇ) ਮਮਤਾ-ਜਲ ਵਿਚ ਫਸੀ ਹੋਈ (ਸਾਰਾ) ਜਗਤ (ਮਾਇਆ ਦੀ ਖ਼ਾਤਰ) ਭਾਲਦੀ ਫਿਰਦੀ ਹੈ, ਪਰ (ਇਕੱਠਾ ਕੀਤਾ) ਧਨ ਪਦਾਰਥ ਕਿਸੇ ਦਾ ਨਾਲ ਨਹੀਂ ਜਾਂਦਾ।
1313	32	ਅੰਧੀ ਨਾਮੁ ਨ ਚੇਤਈ ਸਭ ਬਾਧੀ ਜਮਕਾਲਿ॥	(ਬਾਧੀ) ਸਾੜੀ ਹੋਈ	Andhhee Naam N Chaethee Sabh Baadhhee Jamakaal ||	The spiritually blind do not even think of the Naam; they are all bound and gagged by the Messenger of Death.	(ਮਾਇਆ ਦੇ ਮੋਹ ਵਿਚ) ਅੰਨ੍ਹੀ ਹੋਈ ਲੁਕਾਈ ਪਰਮਾਤਮਾ ਦਾ ਨਾਮ ਨਹੀਂ ਸਿਮਰਦੀ (ਸਿਮਰਨ-ਹੀਨ ਲੁਕਾਈ ਨੂੰ) ਆਤਮਕ ਮੌਤ ਨੇ ਆਪਣੇ ਬੰਧਨਾਂ ਵਿਚ ਬੰਨ੍ਹਿਆ ਹੁੰਦਾ ਹੈ।

1314	32	ਸਤਗੁਰਿ ਮਿਲਿਐ ਧਨੁ ਪਾਇਆ ਹਰਿ ਨਾਮਾ ਰਿਦੈ ਸਮਾਲਿ॥੩॥		Sathagur Miliai Dhhan Paaeiaa Har Naamaa Ridhai Samaal ||3||	Meeting the True Guru, the wealth is obtained, contemplating the Name of the Lord in the heart. ||3||	ਜੇ ਗੁਰੂ ਮਿਲ ਪਏ ਤਾਂ ਹਰੀ-ਨਾਮ-ਧਨ ਪ੍ਰਾਪਤ ਹੋ ਜਾਂਦਾ ਹੈ (ਗੁਰੂ ਦੀ ਸਰਨ ਪੈ ਕੇ ਜੀਵ) ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਸਾਂਭੀ ਰੱਖਦਾ ਹੈ ॥੩॥
1315	32	ਨਾਮਿ ਰਤੇ ਸੇ ਨਿਰਮਲੇ ਗੁਰ ਕੈ ਸਹਜਿ ਸੁਭਾਇ॥	(ਸੁਭਾਇ) ਸ੍ਰੇਸ਼ਟ ਪ੍ਰੇਮ ਨਾਲ	Naam Rathae Sae Niramalae Gur Kai Sehaj Subhaae ||	Those who are attuned to the Naam are immaculate and pure; through the Guru, they obtain intuitive peace and poise.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਜੇਹੜੇ ਮਨੁੱਖ ਪਰਮਾਤਮਾ ਦੇ ਨਾਮ (-ਰੰਗ) ਵਿਚ ਰੰਗੇ ਜਾਂਦੇ ਹਨ ਉਹ ਪਵਿਤ੍ਰ (ਜੀਵਨ ਵਾਲੇ) ਹੋ ਜਾਂਦੇ ਹਨ। ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ, ਉਹ ਪ੍ਰਭੂ-ਪ੍ਰੇਮ ਵਿਚ ਜੁੜੇ ਰਹਿੰਦੇ ਹਨ।
1316	32	ਮਨੁ ਤਨੁ ਰਾਤਾ ਰੰਗ ਸਿਉ ਰਸਨਾ ਰਸਨ ਰਸਾਇ॥		Man Than Raathaa Rang Sio Rasanaa Rasan Rasaae ||	Their minds and bodies are dyed in the Color of the Lord's Love, and their tongues savor His Sublime Essence.	ਉਹਨਾਂ ਦਾ ਮਨ ਉਹਨਾਂ ਦਾ ਸਰੀਰ ਪ੍ਰਭੂ ਦੇ ਪ੍ਰੇਮ ਰੰਗ ਵਿਚ ਰੰਗਿਆ ਜਾਂਦਾ ਹੈ, ਉਹਨਾਂ ਦੀ ਜੀਭ ਨਾਮ-ਰਸ ਵਿਚ ਰਸੀ ਰਹਿੰਦੀ ਹੈ।
1317	32	ਨਾਨਕ ਰੰਗੁ ਨ ਉਤਰੈ ਜੋ ਹਰਿ ਧੁਰਿ ਛੋਡਿਆ ਲਾਇ॥੪॥੧੪॥੪੭॥	ਉੱਤਰੈ	Naanak Rang N Outharai Jo Har Dhhur Shhoddiaa Laae ||4||14||47||	O Nanak, that Primal Color which the Lord has applied, shall never fade away. ||4||14||47||	ਹੇ ਨਾਨਕ! ਜਿਨ੍ਹਾਂ ਨੂੰ ਪਰਮਾਤਮਾ ਧੁਰੋਂ ਆਪਣੀ ਰਜ਼ਾ ਵਿਚ ਨਾਮ ਰੰਗ ਚਾੜ੍ਹ ਦੇਂਦਾ ਹੈ, ਉਹਨਾਂ ਦਾ ਉਹ ਰੰਗ ਕਦੇ ਉਤਰਦਾ ਨਹੀਂ ॥੪॥੧੪॥੪੭॥{31-32}

1318	32	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1319	32	ਗੁਰਮੁਖਿ ਕ੍ਰਿਪਾ ਕਰੇ ਭਗਤਿ ਕੀਜੈ ਬਿਨੁ ਗੁਰ ਭਗਤਿ ਨ ਹੋਈ॥		Guramukh Kirapaa Karae Bhagath Keejai Bin Gur Bhagath N Hoee ||	By His Grace one becomes Gurmukh, worshipping the Lord with devotion. Without the Guru there is no devotional worship.	ਜੇ ਪਰਮਾਤਮਾ ਗੁਰੂ ਦੀ ਰਾਹੀਂ (ਜੀਵ ਉੱਤੇ) ਕਿਰਪਾ ਕਰੇ ਤਾਂ (ਜੀਵ ਪਾਸੋਂ) ਭਗਤੀ ਕੀਤੀ ਜਾ ਸਕਦੀ ਹੈ, (ਗੁਰੂ ਦੀ ਸਰਨ ਪੈਣ) ਤੋਂ ਬਿਨਾ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ।
1320	32	ਆਪੈ ਆਪੁ ਮਿਲਾਏ ਬੂਝੈ ਤਾ ਨਿਰਮਲੁ ਹੋਵੈ ਸੋਈ॥		Aapai Aap Milaaeae Boojhai Thaa Niramal Hovai Soee ||	Those whom He unites with Himself, understand and become pure.	ਜੇਹੜਾ ਮਨੁੱਖ ਆਪਣੇ ਆਪ ਨੂੰ (ਗੁਰੂ ਦੇ) ਆਪੇ ਵਿਚ ਜੋੜ ਦੇਵੇ ਤੇ (ਇਸ ਭੇਤ ਨੂੰ) ਸਮਝ ਲਏ, ਤਾਂ ਉਹ ਪਵਿਤ੍ਰ (ਜੀਵਨ ਵਾਲਾ) ਹੋ ਜਾਂਦਾ ਹੈ।
1321	32	ਹਰਿ ਜੀਉ ਸਾਚਾ ਸਾਚੀ ਬਾਣੀ ਸਬਦਿ ਮਿਲਾਵਾ ਹੋਈ॥੧॥		Har Jeeo Saachaa Saachee Baanee Sabadh Milaavaa Hoee ||1||	The Dear Lord is True, and True is the Word of His Bani. Through the Shabad, we merge with Him. ||1||	ਪਰਮਾਤਮਾ ਸਦਾ-ਥਿਰ ਰਹਿਣ ਵਾਲਾ ਹੈ, (ਉਸ ਦੀ ਸਿਫ਼ਤ-ਸਾਲਾਹ ਵੀ ਥਿਰ ਰਹਿਣ ਵਾਲੀ ਹੈ, ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ ਹੀ ਉਸ ਨਾਲ ਮਿਲਾਪ ਹੋ ਸਕਦਾ ਹੈ ॥੧॥
1322	32	ਭਾਈ ਰੇ ਭਗਤਿ ਹੀਣੁ ਕਾਹੇ ਜਗਿ ਆਇਆ॥		Bhaaee Rae Bhagathiheen Kaahae Jag Aaeiaa ||	O Siblings of Destiny: those who lack devotion-why have they even bothered to come into the world?	ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦੀ ਭਗਤੀ ਤੋਂ ਸੱਖਣਾ ਰਿਹਾ, ਉਸ ਨੂੰ ਜਗਤ ਵਿਚ ਆਉਣ ਦਾ ਕੋਈ ਲਾਭ ਨਹੀਂ ਹੋਇਆ।

1323	32	ਪੂਰੇ ਗੁਰ ਕੀ ਸੇਵ ਨ ਕੀਨੀ ਬਿਰਥਾ ਜਨਮੁ ਗਵਾਇਆ॥੧॥ਰਹਾਉ॥		Poorae Gur Kee Saev N Keenee Birathhaa Janam Gavaaeiaa ||1|| Rehaao ||	They do not serve the Perfect Guru; they waste away their lives in vain. ||1||Pause||	ਜਿਸ ਮਨੁੱਖ ਨੇ ਪੂਰੇ ਗੁਰੂ ਦੀ ਦੱਸੀ ਸੇਵਾ ਨਾਹ ਕੀਤੀ, ਉਸ ਨੇ ਮਨੁੱਖਾ ਜਨਮ ਵਿਅਰਥ ਗਵਾ ਲਿਆ ॥੧॥ ਰਹਾਉ ॥
1324	32	ਆਪੇ ਜਗਜੀਵਨੁ ਸੁਖਦਾਤਾ ਆਪੇ ਬਖਸਿ ਮਿਲਾਏ॥	ਜੱਗਜੀਵਨੁ	Aapae Jagajeevan Sukhadhaathaa Aapae Bakhas Milaaeae ||	The Lord Himself, the Life of the World, is the Giver of Peace. He Himself forgives, and unites with Himself.	ਪਰਮਾਤਮਾ ਆਪ ਹੀ ਜਗਤ ਦੇ ਜੀਵਾਂ ਦੀ ਜ਼ਿੰਦਗੀ ਦਾ ਸਹਾਰਾ ਹੈ, ਆਪ ਹੀ (ਜੀਵਾਂ ਨੂੰ) ਸੁਖ ਦੇਣ ਵਾਲਾ ਹੈ। ਆਪ ਹੀ ਮਿਹਰ ਕਰ ਕੇ (ਜੀਵਾਂ ਨੂੰ) ਆਪਣੇ ਨਾਲ ਜੋੜਦਾ ਹੈ।
1325	32	ਜੀਅ ਜੰਤ ਏ ਕਿਆ ਵੇਚਾਰੇ ਕਿਆ ਕੋ ਆਖਿ ਸੁਣਾਏ॥		Jeea Janth Eae Kiaa Vaechaarae Kiaa Ko Aakh Sunaaeae ||	So what about all these poor beings and creatures? What can anyone say?	(ਜੇ ਉਹ ਆਪ ਮਿਹਰ ਨਾਹ ਕਰੇ ਤਾਂ ਉਸ ਦੇ ਚਰਨਾਂ ਵਿਚ ਜੁੜਨ ਵਾਸਤੇ) ਵਿਚਾਰੇ ਜੀਵ ਬਿਲਕੁਲ ਅਸਮਰਥ ਹਨ। (ਪ੍ਰਭੂ ਦੀ ਮਿਹਰ ਤੋਂ ਬਿਨਾ) ਨਾਹ ਕੋਈ ਜੀਵ (ਉਸ ਦੀ ਸਿਫ਼ਤਿ) ਆਖ ਸਕਦਾ ਹੈ ਨਾਹ ਸੁਣਾ ਸਕਦਾ ਹੈ।
1326	32	ਗੁਰਮੁਖਿ ਆਪੇ ਦੇਇ ਵਡਾਈ ਆਪੇ ਸੇਵ ਕਰਾਏ॥੨॥		Guramukh Aapae Dhaee Vaddaaee Aapae Saev Karaaeae ||2||	He Himself blesses the Gurmukh with glory. He Himself enjoins us to His Service. ||2||	ਪਰਮਾਤਮਾ ਆਪ ਹੀ ਗੁਰੂ ਦੀ ਰਾਹੀਂ (ਆਪਣੇ ਨਾਮ ਦੀ) ਵਡਿਆਈ ਦੇਂਦਾ ਹੈ, ਆਪ ਹੀ ਆਪਣੀ ਸੇਵਾ-ਭਗਤੀ ਕਰਾਂਦਾ ਹੈ ॥੨॥

1327	32	ਦੇਖਿ ਕੁਟੰਬੁ ਮੋਹਿ ਲੋਭਾਣਾ ਚਲਦਿਆ ਨਾਲਿ ਨ ਜਾਈ॥		Dhaekh Kuttanb Mohi Lobhaanaa Chaladhiaa Naal N Jaaee ||	Gazing upon their families, people are lured and trapped by emotional attachment, but none will go along with them in the end.	ਜੀਵ ਆਪਣੇ ਪਰਵਾਰ ਨੂੰ ਵੇਖ ਕੇ ਇਸ ਦੇ ਮੋਹ ਵਿਚ ਫਸ ਜਾਂਦਾ ਹੈ। (ਪਰ ਪਰਵਾਰ ਦਾ ਕੋਈ ਸਾਥੀ) ਜਗਤ ਤੋਂ ਤੁਰਨ ਵੇਲੇ ਜੀਵ ਦੇ ਨਾਲ ਨਹੀਂ ਜਾਂਦਾ।
1328	32	ਸਤਗੁਰੁ ਸੇਵਿ ਗੁਣ ਨਿਧਾਨੁ ਪਾਇਆ ਤਿਸ ਦੀ ਕੀਮ ਨ ਪਾਈ॥	(ਕੀਮ) ਕੀਮਤ	Sathagur Saev Gun Nidhhaan Paaeiaa This Dhee Keem N Paaee ||	Serving the True Guru, one finds the Lord, the Treasure of Excellence. His Value cannot be estimated.	ਜਿਸ ਮਨੁੱਖ ਨੇ ਗੁਰੂ ਦੀ ਦੱਸੀ ਸੇਵਾ ਕਰ ਕੇ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਨੂੰ ਲੱਭ ਲਿਆ, ਉਸ ਦੀ (ਆਤਮਕ ਉੱਚਤਾ ਦੀ) ਕੀਮਤ ਨਹੀਂ ਪੈ ਸਕਦੀ।
1329	32	ਹਰਿ ਪ੍ਰਭੁ ਸਖਾ ਮੀਤੁ ਪ੍ਰਭੁ ਮੇਰਾ ਅੰਤੇ ਹੋਇ ਸਖਾਈ॥੩॥		Har Prabh Sakhaa Meeth Prabh Maeraa Anthae Hoe Sakhaaee ||3||	The Lord God is my Friend and Companion. God shall be my Helper and Support in the end. ||3||	ਪਰਮਾਤਮਾ ਉਸ ਮਨੁੱਖ ਦਾ ਦੋਸਤ ਬਣ ਜਾਂਦਾ ਹੈ ਮਿੱਤਰ ਬਣ ਜਾਂਦਾ ਹੈ, ਅੰਤ ਵੇਲੇ ਭੀ ਉਸਦਾ ਸਹਾਈ ਬਣਦਾ ਹੈ ॥੩॥
1330	32	ਆਪਣੈ ਮਨਿ ਚਿਤਿ ਕਹੈ ਕਹਾਏ ਬਿਨੁ ਗੁਰ ਆਪੁ ਨ ਜਾਈ॥	(ਆਪੁ) ਹੰਕਾਰ	Aapanai Man Chith Kehai Kehaaeae Bin Gur Aap N Jaaee ||	Within your conscious mind, you may say anything, but without the Guru, selfishness is not removed.	ਆਪਣੇ ਮਨ ਵਿਚ ਆਪਣੇ ਚਿੱਤ ਵਿਚ ਬੇਸ਼ੱਕ ਜੀਵ ਪਿਆ ਆਖੇ, ਦੂਜਿਆਂ ਪਾਸੋਂ ਭੀ ਅਖਵਾਏ (ਕਿ ਮੇਰੇ ਅੰਦਰ ਹਉਮੈ ਅਹੰਕਾਰ ਨਹੀਂ ਹੈ) ਪਰ ਇਹ ਹਉਮੈ ਅਹੰਕਾਰ ਗੁਰੂ ਦੀ ਸਰਨ ਪੈਣ ਤੋਂ ਬਿਨਾ ਦੂਰ ਨਹੀਂ ਹੋ ਸਕਦਾ।

1331	32	ਹਰਿ ਜੀਉ ਦਾਤਾ ਭਗਤਿ ਵਛਲੁ ਹੈ ਕਰਿ ਕਿਰਪਾ ਮੰਨਿ ਵਸਾਈ॥	(ਵੱਛਲੁ) ਪਿਆਰਾ	Har Jeeo Dhaathaa Bhagath Vashhal Hai Kar Kirapaa Mann Vasaaee ||	The Dear Lord is the Giver, the Lover of His devotees. By His Grace, He comes to dwell in the mind.	ਜੇਹੜਾ ਪ੍ਰਭੂ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ ਤੇ ਭਗਤੀ ਨਾਲ ਪਿਆਰ ਕਰਦਾ ਹੈ ਉਹ ਕਿਰਪਾ ਕਰਕੇ ਆਪ ਹੀ (ਆਪਣੀ ਭਗਤੀ ਜੀਵ ਦੇ) ਹਿਰਦੇ ਵਿਚ ਵਸਾਂਦਾ ਹੈ।
1332	32	ਨਾਨਕ ਸੋਭਾ ਸੁਰਤਿ ਦੇਇ ਪ੍ਰਭੁ ਆਪੇ ਗੁਰਮੁਖਿ ਦੇ ਵਡਿਆਈ॥੪॥੧੫॥੪੮॥	ਆਪੇ: ਦੇਲ੍ਹੀ ਦੀਵਾ ਹੈ, ਅਰਥ ਕਰਣ ਵੇਲੇ ਤੁਕ ਵਿੱਚ ਇਉਂ ਵਰਤਣਾ, ਨਾਨਕ. ਸੋਭਾ ਸੁਰਤਿ ਦੇਇ ਪ੍ਰਭੁ ਆਪੇ, ਆਪੇ ਗੁਰਮੁਖਿ ਦੇ ਵਡਿਆਈ	Naanak Sobhaa Surath Dhaee Prabh Aapae Guramukh Dhae Vaddiaaee ||4||15||48||	O Nanak, by His Grace, He bestows enlightened awareness; God Himself blesses the Gurmukh with glorious greatness. ||4||15||48||	ਹੇ ਨਾਨਕ! ਪ੍ਰਭੂ ਆਪ ਹੀ (ਆਪਣੀ ਭਗਤੀ ਦੀ) ਸੁਰਤ ਬਖ਼ਸ਼ਦਾ ਹੈ ਤੇ ਸੋਭਾ ਬਖ਼ਸ਼ਦਾ ਹੈ, ਆਪ ਹੀ ਗੁਰੂ ਦੀ ਸਰਨ ਪਾ ਕੇ (ਆਪਣੇ ਦਰ ਤੇ) ਇੱਜ਼ਤ ਦੇਂਦਾ ਹੈ ॥੪॥੧੫॥੪੮॥
1333	32	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1334	32	ਧਨੁ ਜਨਨੀ ਜਿਨਿ ਜਾਇਆ ਧੰਨੁ ਪਿਤਾ ਪਰਧਾਨੁ॥	(ਜਨਨੀ) ਮਾਤਾ	Dhhan Jananee Jin Jaaeiaa Dhhann Pithaa Paradhhaan ||	Blessed is the mother who gave birth; blessed and respected is the father of one who serves the True Guru and finds peace.	ਉਹ ਮਾਂ ਭਾਗਾਂ ਵਾਲੀ ਹੈ ਜਿਸ ਨੇ (ਗੁਰੂ ਨੂੰ) ਜਨਮ ਦਿੱਤਾ, (ਗੁਰੂ ਦਾ) ਪਿਤਾ ਭੀ ਭਾਗਾਂ ਵਾਲਾ ਹੈ (ਤੇ ਮਨੁੱਖ ਜਾਤੀ ਵਿਚ) ਸ੍ਰੇਸ਼ਟ ਹੈ।

1335	32	ਸਤਗੁਰੁ ਸੇਵਿ ਸੁਖੁ ਪਾਇਆ ਵਿਚਹੁ ਗਇਆ ਗੁਮਾਨੁ॥	ਗ-ਇਆ	Sathagur Saev Sukh Paaeiaa Vichahu Gaeiaa Gumaan ||	His arrogant pride is banished from within.	ਸਤਿਗੁਰੂ ਦੀ ਸਰਨ ਲਿਆਂ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ (ਜੇਹੜਾ ਮਨੁੱਖ ਗੁਰੂ ਦੀ ਸਰਨ ਆਉਂਦਾ ਹੈ ਉਸ ਦੇ) ਅੰਦਰੋਂ ਅਹੰਕਾਰ ਦੂਰ ਹੋ ਜਾਂਦਾ ਹੈ।
1336	32	ਦਰਿ ਸੇਵਨਿ ਸੰਤ ਜਨ ਖੜੇ ਪਾਇਨਿ ਗੁਣੀ ਨਿਧਾਨੁ॥੧॥		Dhar Saevan Santh Jan Kharrae Paaein Gunee Nidhhaan ||1||	Standing at the Lord's Door, the humble Saints serve Him; they find the Treasure of Excellence. ||1||	(ਜੇਹੜੇ) ਸੰਤ ਜਨ (ਗੁਰੂ ਦੇ) ਦਰ ਤੇ ਸਾਵਧਾਨ ਹੋ ਕੇ ਸੇਵਾ ਕਰਦੇ ਹਨ, ਉਹ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਨੂੰ ਮਿਲ ਪੈਂਦੇ ਹਨ ॥੧॥
1337	32	ਮੇਰੇ ਮਨ ਗੁਰਮੁਖਿ ਧਿਆਇ ਹਰਿ ਸੋਇ॥		Maerae Man Gur Mukh Dhhiaae Har Soe ||	O my mind, become Gurmukh, and meditate on the Lord.	ਹੇ ਮੇਰੇ ਮਨ! ਗੁਰੂ ਦੀ ਸਰਨ ਪੈ ਕੇ ਉਸ ਪਰਮਾਤਮਾ ਨੂੰ ਸਿਮਰ।
1338	32	ਗੁਰ ਕਾ ਸਬਦੁ ਮਨਿ ਵਸੈ ਮਨੁ ਤਨੁ ਨਿਰਮਲੁ ਹੋਇ॥੧॥ਰਹਾਉ॥		Gur Kaa Sabadh Man Vasai Man Than Niramal Hoe ||1|| Rehaao ||	The Word of the Guru's Shabad abides within the mind, and the body and mind become pure. ||1||Pause||	(ਜਿਸ ਮਨੁੱਖ ਦੇ) ਮਨ ਵਿਚ ਗੁਰੂ ਦਾ ਸ਼ਬਦ ਵੱਸ ਪੈਂਦਾ ਹੈ ਉਸ ਦਾ ਮਨ ਪਵਿਤ੍ਰ ਹੋ ਜਾਂਦਾ ਹੈ, ਉਸ ਦਾ ਸਰੀਰ ਪਵਿਤ੍ਰ ਹੋ ਜਾਂਦਾ ਹੈ (ਭਾਵ, ਗਿਆਨ-ਇੰਦ੍ਰੇ ਵਿਕਾਰਾਂ ਵਲੋਂ ਹਟ ਜਾਂਦੇ ਹਨ) ॥੧॥ ਰਹਾਉ ॥
1339	32	ਕਰਿ ਕਿਰਪਾ ਘਰਿ ਆਇਆ ਆਪੇ ਮਿਲਿਆ ਆਇ॥		Kar Kirapaa Ghar Aaeiaa Aapae Miliaa Aae ||	By His Grace, He has come into my home; He Himself has come to meet me.	(ਗੁਰੂ ਦੀ ਸਰਨ ਪਿਆਂ ਹੀ) ਪਰਮਾਤਮਾ (ਜੀਵ ਦੇ) ਹਿਰਦੇ-ਘਰ ਵਿਚ ਆ ਪ੍ਰਗਟਦਾ ਹੈ, ਆਪ ਹੀ ਆ ਕੇ ਮਿਲ ਪੈਂਦਾ ਹੈ।

1340	32	ਗੁਰ ਸਬਦੀ ਸਾਲਾਹੀਐ ਰੰਗੇ ਸਹਜਿ ਸੁਭਾਇ॥		Gur Sabadhee Saalaaheeai Rangae Sehaj Subhaae ||	Singing His Praises through the Shabads of the Guru, we are dyed in His Color with intuitive ease.	ਗੁਰੂ ਦੇ ਸ਼ਬਦ ਦੀ ਰਾਹੀਂ ਹੀ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ ਜਾ ਸਕਦੀ ਹੈ (ਜੇਹੜਾ ਮਨੁੱਖ ਸਿਫ਼ਤ-ਸਾਲਾਹ ਕਰਦਾ ਹੈ ਉਸ ਨੂੰ ਪ੍ਰਭੂ) ਆਤਮਕ ਅਡੋਲਤਾ ਵਿਚ ਤੇ (ਆਪਣੇ) ਪ੍ਰੇਮ ਵਿਚ ਰੰਗ ਦੇਂਦਾ ਹੈ।
1341	32	ਸਚੈ ਸਚਿ ਸਮਾਇਆ ਮਿਲਿ ਰਹੈ ਨ ਵਿਛੁੜਿ ਜਾਇ॥੨॥		Sachai Sach Samaaeiaa Mil Rehai N Vishhurr Jaae ||2||	Becoming truthful, we merge with the True One; remaining blended with Him, we shall never be separated again. ||2||	(ਗੁਰੂ ਦੀ ਸਰਨ ਪੈ ਕੇ) ਮਨੁੱਖ ਸਦਾ-ਥਿਰ ਪ੍ਰਭੂ ਵਿਚ ਹੀ ਲੀਨ ਰਹਿੰਦਾ ਹੈ, ਸਦਾ ਪ੍ਰਭੂ-ਚਰਨਾਂ ਵਿਚ ਮਿਲਿਆ ਰਹਿੰਦਾ ਹੈ, ਕਦੇ ਵਿੱਛੁੜਦਾ ਨਹੀਂ ॥੨॥
1342	32	ਜੋ ਕਿਛੁ ਕਰਣਾ ਸੁ ਕਰਿ ਰਹਿਆ ਅਵਰੁ ਨ ਕਰਣਾ ਜਾਇ॥		Jo Kishh Karanaa S Kar Rehiaa Avar N Karanaa Jaae ||	Whatever is to be done, the Lord is doing. No one else can do anything.	(ਪਰਮਾਤਮਾ ਦੀ ਰਜ਼ਾ ਹੀ ਇਹ ਹੈ ਕਿ ਉਸ ਨੂੰ ਮਿਲਣ ਵਾਸਤੇ ਜੀਵ ਸਤਿਗੁਰੂ ਦੀ ਸਰਨ ਪਏ, ਇਸ ਰਜ਼ਾ ਦਾ ਉਲੰਘਣ ਨਹੀਂ ਹੋ ਸਕਦਾ) ਉਹ ਪਰਮਾਤਮਾ ਉਹੀ ਕੁਝ ਕਰ ਰਿਹਾ ਹੈ ਜੋ ਉਸਦੀ ਰਜ਼ਾ ਹੈ, (ਉਸ ਦੀ ਰਜ਼ਾ ਤੋਂ ਉਲਟ) ਹੋਰ ਕੁਝ ਕੀਤਾ ਨਹੀਂ ਜਾ ਸਕਦਾ।

1343	32	ਚਿਰੀ ਵਿਛੁੰਨੇ ਮੇਲਿਅਨੁ ਸਤਗੁਰ ਪੰਨੈ ਪਾਇ॥	(ਚਿਰੀ) ਚਿਰਾਂ ਦੇ (ਵਿਛੁੰਨੇ) ਵਿੱਛੁੜੇ। (ਪੰਨੈ) ਲੜ ਲਾ ਕੇ	Chiree Vishhunnae Maelian Sathagur Pannai Paae ||	Those separated from Him for so long are reunited with Him once again by the True Guru, who takes them into His Own Account.	ਸਤਿਗੁਰੂ ਦੇ ਲੜ ਲਾ ਕੇ ਪਰਮਾਤਮਾ ਨੇ ਚਿਰਾਂ ਤੋਂ ਵਿੱਛੁੜੇ ਜੀਵਾਂ ਨੂੰ ਆਪਣੇ ਚਰਨਾਂ ਵਿਚ ਮਿਲਾ ਲਿਆ ਹੈ।
1344	32	ਆਪੇ ਕਾਰ ਕਰਾਇਸੀ ਅਵਰੁ ਨ ਕਰਣਾ ਜਾਇ॥੩॥		Aapae Kaar Karaaeisee Avar N Karanaa Jaae ||3||	He Himself assigns all to their tasks; nothing else can be done. ||3||	ਪ੍ਰਭੂ ਆਪ ਹੀ (ਗੁਰੂ ਦੀ ਸਰਨ ਪੈਣ ਵਾਲੀ) ਕਾਰ (ਜੀਵਾਂ ਪਾਸੋਂ) ਕਰਾਂਦਾ ਹੈ, ਇਸ ਦੇ ਉਲਟ ਨਹੀਂ ਤੁਰਿਆ ਜਾ ਸਕਦਾ ॥੩॥
1345	32	ਮਨੁ ਤਨੁ ਰਤਾ ਰੰਗ ਸਿਉ ਹਉਮੈ ਤਜਿ ਵਿਕਾਰ॥		Man Than Rathaa Rang Sio Houmai Thaj Vikaar ||	One whose mind and body are imbued with the Lord's Love gives up egotism and corruption.	(ਗੁਰੂ ਦੀ ਸਰਨ ਪੈ ਕੇ ਹੀ) ਹਉਮੈ ਦਾ ਵਿਕਾਰ ਦੂਰ ਕਰ ਕੇ ਮਨੁੱਖ ਦਾ ਮਨ ਤੇ ਸਰੀਰ (ਭੀ) ਪਰਮਾਤਮਾ ਦੇ ਪ੍ਰੇਮ-ਰੰਗ ਨਾਲ ਰੰਗਿਆ ਜਾਂਦਾ ਹੈ।
1346	32	ਅਹਿ ਨਿਸਿ ਹਿਰਦੈ ਰਵਿ ਰਹੈ ਨਿਰਭਉ ਨਾਮੁ ਨਿਰੰਕਾਰ॥		Ahinis Hiradhai Rav Rehai Nirabho Naam Nirankaar ||	Day and night, the Name of the One Lord, the Fearless and Formless One, dwells within the heart.	(ਜੇ ਜੀਵ ਗੁਰੂ ਦੀ ਸਰਨ ਪਏ ਤਾਂ) ਆਕਾਰ-ਰਹਿਤ ਪਰਮਾਤਮਾ ਦਾ ਨਿਰਭੈਤਾ ਦੇਣ ਵਾਲਾ ਨਾਮ ਦਿਨ ਰਾਤ ਉਸ ਦੇ ਹਿਰਦੇ ਵਿਚ ਟਿਕਿਆ ਰਹਿੰਦਾ ਹੈ।

1347	32	ਨਾਨਕ ਆਪਿ ਮਿਲਾਇਅਨੁ ਪੂਰੈ ਸਬਦਿ ਅਪਾਰ॥੪॥੧੬॥੪੯॥		Naanak Aap Milaaeian Poorai Sabadh Apaar ||4||16||49||	O Nanak, He blends us with Himself, through the Perfect, Infinite Word of His Shabad. ||4||16||49||	ਹੇ ਨਾਨਕ! ਬੇਅੰਤ ਪੂਰਨ-ਪ੍ਰਭੂ ਨੇ ਗੁਰੂ ਦੇ ਸ਼ਬਦ ਦੀ ਰਾਹੀਂ ਆਪ ਜੀਵਾਂ ਨੂੰ (ਆਪਣੇ ਚਰਨਾਂ ਵਿਚ) ਮਿਲਾਇਆ ਹੈ ॥੪॥੧੬॥੪੯॥
1348	32	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1349	32	ਗੋਵਿਦੁ ਗੁਣੀ ਨਿਧਾਨੁ ਹੈ ਅੰਤੁ ਨ ਪਾਇਆ ਜਾਇ॥		Govidh Gunee Nidhhaan Hai Anth N Paaeiaa Jaae ||	The Lord of the Universe is the Treasure of Excellence; His limits cannot be found.	ਪਰਮਾਤਮਾ (ਸਭ) ਗੁਣਾਂ ਦਾ ਖ਼ਜ਼ਾਨਾ ਹੈ (ਉਸ ਦੇ ਗੁਣਾਂ ਦਾ) ਅਖ਼ੀਰਲਾ ਬੰਨਾ ਲੱਭਿਆ ਨਹੀਂ ਜਾ ਸਕਦਾ।
1350	32	ਕਥਨੀ ਬਦਨੀ ਨ ਪਾਈਐ ਹਉਮੈ ਵਿਚਹੁ ਜਾਇ॥	(ਕਥਨੀ ਬਦਨੀ) ਫੋਕਟ ਗੱਲਾਂ। ਕਥਨੀ ਬਦਨੀ: ਪੋਲੇ ਬੋਲੋ	Kathhanee Badhanee N Paaeeai Houmai Vichahu Jaae ||	He is not obtained by mouthing mere words, but by rooting out ego from within.	ਨਿਰਾ (ਇਹੋ) ਕਹਿਣ ਕਥਨ ਨਾਲ (ਕਿ ਮੈਂ ਪਰਮਾਤਮਾ ਨੂੰ ਲੱਭ ਲਿਆ ਹੈ) ਪਰਮਾਤਮਾ ਨੂੰ ਪ੍ਰਾਪਤ ਨਹੀਂ ਕੀਤਾ ਜਾ ਸਕਦਾ (ਪਰਮਾਤਮਾ ਤਦੋਂ ਹੀ ਮਿਲਦਾ ਹੈ ਜੇ) ਮਨੁੱਖ ਦੇ ਅੰਦਰੋਂ ਹਉਮੈ ਦੂਰ ਹੋ ਜਾਏ।

1351	33	ਸਤਗੁਰਿ ਮਿਲਿਐ ਸਦ ਭੈ ਰਚੈ ਆਪਿ ਵਸੈ ਮਨਿ ਆਇ॥੧॥		Sathagur Miliai Sadh Bhai Rachai Aap Vasai Man Aae ||1||	Meeting the True Guru, one is permeated forever with the Fear of God, who Himself comes to dwell within the mind. ||1||	ਗੁਰੂ ਦੇ ਮਿਲਣ ਨਾਲ ਮਨੁੱਖ ਦਾ ਹਿਰਦਾ ਸਦਾ ਪਰਮਾਤਮਾ ਦੇ ਡਰ-ਅਦਬ ਵਿਚ ਭਿੱਜਾ ਰਹਿੰਦਾ ਹੈ (ਤੇ ਇਸ ਤਰ੍ਹਾਂ) ਪਰਮਾਤਮਾ ਆਪ ਮਨੁੱਖ ਦੇ ਮਨ ਵਿਚ ਆ ਵੱਸਦਾ ਹੈ ॥੧॥
1352	33	ਭਾਈ ਰੇ ਗੁਰਮੁਖਿ ਬੂਝੈ ਕੋਇ॥		Bhaaee Rae Guramukh Boojhai Koe ||	O Siblings of Destiny, one who becomes Gurmukh and understands this is very rare.	ਹੇ ਭਾਈ ਜੇਹੜਾ ਕੋਈ ਮਨੁੱਖ (ਸਹੀ ਜੀਵਨ-ਜੁਗਤਿ) ਸਮਝਦਾ ਹੈ ਉਹ ਗੁਰੂ ਦੀ ਰਾਹੀਂ ਹੀ ਸਮਝਦਾ ਹੈ।
1353	33	ਬਿਨੁ ਬੂਝੇ ਕਰਮ ਕਮਾਵਣੇ ਜਨਮੁ ਪਦਾਰਥੁ ਖੋਇ॥੧॥ਰਹਾਉ॥		Bin Boojhae Karam Kamaavanae Janam Padhaarathh Khoe ||1|| Rehaao ||	To act without understanding is to lose the treasure of this human life. ||1||Pause||	(ਸਹੀ ਜੀਵਨ-ਜੁਗਤਿ) ਸਮਝਣ ਤੋਂ ਬਿਨਾ (ਮਿਥੇ ਹੋਏ ਧਾਰਿਮਕ) ਕੰਮ ਕਰਨ ਨਾਲ ਮਨੁੱਖ ਕੀਮਤੀ ਮਨੁੱਖਾ ਜਨਮ ਗਵਾ ਲੈਂਦਾ ਹੈ ॥੧॥ ਰਹਾਉ ॥
1354	33	ਜਿਨੀ ਚਾਖਿਆ ਤਿਨੀ ਸਾਦੁ ਪਾਇਆ ਬਿਨੁ ਚਾਖੇ ਭਰਮਿ ਭੁਲਾਇ॥		Jinee Chaakhiaa Thinee Saadh Paaeiaa Bin Chaakhae Bharam Bhulaae ||	Those who have tasted it, enjoy its flavor; without tasting it, they wander in doubt, lost and deceived.	ਜਿਨ੍ਹਾਂ ਨੇ ਪਰਮਾਤਮਾ ਦੇ ਨਾਮ ਦਾ ਅੰਮ੍ਰਿਤ ਰਸ ਚੱਖਿਆ ਹੈ ਉਹਨਾਂ ਨੇ ਇਸ ਦਾ ਸੁਆਦ ਮਾਣਿਆ ਹੈ। (ਨਾਮ-ਅੰਮ੍ਰਿਤ ਦਾ ਸੁਆਦ) ਚੱਖਣ ਤੋਂ ਬਿਨਾ ਮਨੁੱਖ (ਮਾਇਆ ਦੀ) ਭਟਕਣਾ ਵਿਚ (ਪੈ ਕੇ) ਕੁਰਾਹੇ ਪੈ ਜਾਂਦਾ ਹੈ।

1355	33	ਅੰਮ੍ਰਿਤੁ ਸਾਚਾ ਨਾਮੁ ਹੈ ਕਹਣਾ ਕਛੂ ਨ ਜਾਇ॥		Anmrith Saachaa Naam Hai Kehanaa Kashhoo N Jaae ||	The True Name is the Ambrosial Nectar; no one can describe it.	ਪਰਮਾਤਮਾ ਦਾ ਸਦਾ-ਥਿਰ ਨਾਮ ਆਤਮਕ ਜੀਵਨ ਦੇਣ ਵਾਲਾ ਰਸ ਹੈ, ਇਸ ਦਾ ਸੁਆਦ ਦੱਸਿਆ ਨਹੀਂ ਜਾ ਸਕਦਾ।
1356	33	ਪੀਵਤ ਹੂ ਪਰਵਾਣੁ ਭਇਆ ਪੂਰੈ ਸਬਦਿ ਸਮਾਇ॥੨॥		Peevath Hoo Paravaan Bhaeiaa Poorai Sabadh Samaae ||2||	Drinking it in, one becomes honorable, absorbed in the Perfect Word of the Shabad. ||2||	ਪੂਰੇ ਗੁਰੂ ਦੇ ਸ਼ਬਦ ਵਿਚ ਲੀਨ ਹੋ ਕੇ ਨਾਮ-ਅੰਮ੍ਰਿਤ ਪੀਂਦਿਆਂ ਹੀ ਮਨੁੱਖ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਹੋ ਜਾਂਦਾ ਹੈ ॥੨॥
1357	33	ਆਪੇ ਦੇਇ ਤ ਪਾਈਐ ਹੋਰੁ ਕਰਣਾ ਕਿਛੂ ਨ ਜਾਇ॥		Aapae Dhaee Th Paaeeai Hor Karanaa Kishhoo N Jaae ||	He Himself gives, and then we receive. Nothing else can be done.	(ਨਾਮ-ਅੰਮ੍ਰਿਤ ਦੀ ਦਾਤਿ) ਜੇ ਪਰਮਾਤਮਾ ਆਪ ਹੀ ਦੇਵੇ ਤਾਂ ਮਿਲਦੀ ਹੈ (ਜੇ ਉਸਦੀ ਮਿਹਰ ਨਾਹ ਹੋਵੇ ਤਾਂ) ਹੋਰ ਕੋਈ ਚਾਰਾ ਨਹੀਂ ਕੀਤਾ ਜਾ ਸਕਦਾ।
1358	33	ਦੇਵਣ ਵਾਲੇ ਕੈ ਹਥਿ ਦਾਤਿ ਹੈ ਗੁਰੂ ਦੁਆਰੈ ਪਾਇ॥		Dhaevan Vaalae Kai Hathh Dhaath Hai Guroo Dhuaarai Paae ||	The Gift is in the Hands of the Great Giver. At the Guru's Door, in the Gurdwara, it is received.	(ਨਾਮ ਦੀ ਦਾਤਿ) ਦੇਣ ਵਾਲੇ ਪਰਮਾਤਮਾ ਦੇ ਆਪਣੇ ਹੱਥ ਵਿਚ ਇਹ ਦਾਤ ਹੈ (ਉਸ ਦੀ ਰਜ਼ਾ ਅਨੁਸਾਰ) ਗੁਰੂ ਦੇ ਦਰ ਤੋਂ ਹੀ ਮਿਲਦੀ ਹੈ।

1359	33	ਜੇਹਾ ਕੀਤੋਨੁ ਤੇਹਾ ਹੋਆ ਜੇਹੇ ਕਰਮ ਕਮਾਇ॥੩॥	(ਕੀਤੋਨੁ) ਕੀਤਾ	Jaehaa Keethon Thaehaa Hoaa Jaehae Karam Kamaae ||3||	Whatever He does, comes to pass. All act according to His Will. ||3||	(ਪਰਮਾਤਮਾ ਨੇ ਜੀਵ ਨੂੰ) ਜਿਹੋ ਜਿਹਾ ਬਣਾਇਆ, ਜੀਵ ਉਹੋ ਜਿਹਾ ਬਣ ਗਿਆ, (ਫਿਰ) ਉਹੋ ਜਿਹੇ ਕਰਮ ਜੀਵ ਕਰਦਾ ਹੈ (ਉਸ ਦੀ ਰਜ਼ਾ ਅਨੁਸਾਰ ਹੀ ਜੀਵ ਗੁਰੂ ਦੇ ਦਰ ਤੇ ਆਉਂਦਾ ਹੈ) ॥੩॥
1360	33	ਜਤੁ ਸਤੁ ਸੰਜਮੁ ਨਾਮੁ ਹੈ ਵਿਣੁ ਨਾਵੈ ਨਿਰਮਲੁ ਨ ਹੋਇ॥		Jath Sath Sanjam Naam Hai Vin Naavai Niramal N Hoe ||	The Naam, the Name of the Lord, is abstinence, truthfulness, and self-restraint. Without the Name, no one becomes pure.	(ਮਨੁੱਖ ਆਪਣੇ ਜੀਵਨ ਨੂੰ ਪਵਿਤ੍ਰ ਕਰਨ ਲਈ ਜਤ ਸਤ ਸੰਜਮ ਸਾਧਦਾ ਹੈ, ਪਰ ਨਾਮ ਸਿਮਰਨ ਤੋਂ ਬਿਨਾ ਇਹ ਕਿਸੇ ਕੰਮ ਨਹੀਂ) ਪਰਮਾਤਮਾ ਦਾ ਨਾਮ-ਅੰਮ੍ਰਿਤ ਹੀ ਜਤ ਹੈ ਨਾਮ ਹੀ ਸਤ ਹੈ ਨਾਮ ਹੀ ਸੰਜਮ ਹੈ, ਨਾਮ ਤੋਂ ਬਿਨਾ ਮਨੁੱਖ ਪਵਿਤ੍ਰ ਜੀਵਨ ਵਾਲਾ ਨਹੀਂ ਹੋ ਸਕਦਾ।
1361	33	ਪੂਰੈ ਭਾਗਿ ਨਾਮੁ ਮਨਿ ਵਸੈ ਸਬਦਿ ਮਿਲਾਵਾ ਹੋਇ॥		Poorai Bhaag Naam Man Vasai Sabadh Milaavaa Hoe ||	Through perfect good fortune, the Naam comes to abide within the mind. Through the Shabad, we merge into Him.	ਵੱਡੀ ਕਿਸਮਤ ਨਾਲ ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦਾ ਪ੍ਰਭੂ ਨਾਲ ਮਿਲਾਪ ਹੋ ਜਾਂਦਾ ਹੈ।

1362	33	ਨਾਨਕ ਸਹਜੇ ਹੀ ਰੰਗਿ ਵਰਤਦਾ ਹਰਿ ਗੁਣ ਪਾਵੈ ਸੋਇ॥੪॥੧੭॥੫੦॥		Naanak Sehajae Hee Rang Varathadhaa Har Gun Paavai Soe ||4||17||50||	O Nanak, one who lives in intuitive peace and poise, imbued with the Lord's Love, obtains the Glorious Praises of the Lord. ||4||17||50||	ਹੇ ਨਾਨਕ! (ਗੁਰੂ ਦੇ ਸ਼ਬਦ ਦੀ ਬਰਕਤਿ ਨਾਲ) ਜੇਹੜਾ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਜੀਵਨ ਬਿਤੀਤ ਕਰਦਾ ਹੈ ਉਹ ਮਨੁੱਖ ਪਰਮਾਤਮਾ ਦੇ ਗੁਣ ਆਪਣੇ ਅੰਦਰ ਵਸਾ ਲੈਂਦਾ ਹੈ ॥੪॥੧੭॥੫੦॥
1363	33	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1364	33	ਕਾਂਇਆ ਸਾਧੈ ਉਰਧ ਤਪੁ ਕਰੈ ਵਿਚਹੁ ਹਉਮੈ ਨ ਜਾਇ॥	(ਉਰਧ) ਪੁੱਠਾ ਹੋ ਕੇ	Kaaneiaa Saadhhai Ouradhh Thap Karai Vichahu Houmai N Jaae ||	You may torment your body with extremes of self-discipline, practice intensive meditation and hang upside-down, but your ego will not be eliminated from within.	ਮਨੁੱਖ ਸਰੀਰ ਨੂੰ (ਭਾਵ, ਗਿਆਨ-ਇੰਦ੍ਰਿਆਂ ਨੂੰ) ਆਪਣੇ ਵੱਸ ਵਿਚ ਰੱਖਣ ਦੇ ਜਤਨ ਕਰਦਾ ਹੈ, ਪੁੱਠਾ ਲਟਕ ਕੇ ਤਪ ਕਰਦਾ ਹੈ, (ਪਰ ਇਸ ਤਰ੍ਹਾਂ) ਅੰਦਰੋਂ ਹਉਮੈ ਦੂਰ ਨਹੀਂ ਹੁੰਦੀ।
1365	33	ਅਧਿਆਤਮ ਕਰਮ ਜੇ ਕਰੇ ਨਾਮੁ ਨ ਕਬ ਹੀ ਪਾਇ॥	(ਅਧਿਆਤਮ) ਮਨ ਮਰਜੀ ਦੇ ਕੰਮ	Adhhiaatham Karam Jae Karae Naam N Kab Hee Paae ||	You may perform religious rituals, and still never obtain the Naam, the Name of the Lord.	ਜੇ ਮਨੁੱਖ ਆਤਮਕ ਉੱਨਤੀ ਸੰਬੰਧੀ (ਅਜੇਹੇ ਮਿੱਥੇ ਹੋਏ ਧਾਰਮਿਕ) ਕੰਮ ਕਰਦਾ ਰਹੇ, ਤਾਂ ਕਦੇ ਭੀ ਉਹ ਪਰਮਾਤਮਾ ਦਾ ਨਾਮ ਪ੍ਰਾਪਤ ਨਹੀਂ ਕਰ ਸਕਦਾ।

1366	33	ਗੁਰ ਕੈ ਸਬਦਿ ਜੀਵਤੁ ਮਰੈ ਹਰਿ ਨਾਮੁ ਵਸੈ ਮਨਿ ਆਇ॥੧॥		Gur Kai Sabadh Jeevath Marai Har Naam Vasai Man Aae ||1||	Through the Word of the Guru's Shabad, remain dead while yet alive, and the Name of the Lord shall come to dwell within the mind. ||1||	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਸਹੈਤਾ ਨਾਲ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਵਿਕਾਰਾਂ ਵਲੋਂ ਬਚਦਾ ਹੈ, ਉਸ ਦੇ ਮਨ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ ॥੧॥
1367	33	ਸੁਣਿ ਮਨ ਮੇਰੇ ਭਜੁ ਸਤਗੁਰ ਸਰਣਾ॥		Sun Man Maerae Bhaj Sathagur Saranaa ||	Listen, O my mind: hurry to the Protection of the Guru's Sanctuary.	ਹੇ ਮੇਰੇ ਮਨ! (ਮੇਰੀ ਗੱਲ) ਸੁਣ, ਸਤਿਗੁਰੂ ਦੀ ਸਰਨ ਪਉ।
1368	33	ਗੁਰ ਪਰਸਾਦੀ ਛੁਟੀਐ ਬਿਖੁ ਭਵਜਲੁ ਸਬਦਿ ਗੁਰ ਤਰਣਾ॥੧॥ਰਹਾਉ॥	ਬਿਖੁ: ਜਿੱਥੇ ਵੀ ਇਹ ਗੁਰਬਾਣੀ ਵਿੱਚ ਆਵੇ ਓੱਥੇ ਪੋਲਾ ਬੋਲੋ	Gur Parasaadhee Shhutteeai Bikh Bhavajal Sabadh Gur Tharanaa ||1|| Rehaao ||	By Guru's Grace you shall be saved. Through the Word of the Guru's Shabad, you shall cross over the terrifying world-ocean of poison. ||1||Pause||	(ਮਾਇਆ ਦੇ ਪ੍ਰਭਾਵ ਤੋਂ) ਗੁਰੂ ਦੀ ਕਿਰਪਾ ਨਾਲ ਹੀ ਬਚੀਦਾ ਹੈ, ਇਹ ਜ਼ਹਰ-(ਭਰਿਆ) ਸੰਸਾਰ-ਸਮੁੰਦਰ ਗੁਰੂ ਦੇ ਸ਼ਬਦ ਦੀ ਰਾਹੀਂ (ਹੀ) ਤਰ ਸਕੀਦਾ ਹੈ ॥੧॥ ਰਹਾਉ ॥
1369	33	ਤ੍ਰੈ ਗੁਣ ਸਭਾ ਧਾਤੁ ਹੈ ਦੂਜਾ ਭਾਉ ਵਿਕਾਰੁ॥	ਸੱਭਾ	Thrai Gun Sabhaa Dhhaath Hai Dhoojaa Bhaao Vikaar ||	Everything under the influence of the three qualities shall perish; the love of duality is corrupting.	ਤਿੰਨ ਗੁਣਾਂ ਦੇ ਅਧੀਨ ਰਹਿ ਕੇ ਕੰਮ ਕਰਨੇ-ਇਹ ਸਾਰਾ ਮਾਇਆ ਦਾ ਹੀ ਪ੍ਰਭਾਵ ਹੈ, ਤੇ ਮਾਇਆ ਦਾ ਪਿਆਰ (ਮਨ ਵਿਚ) ਵਿਕਾਰ (ਹੀ) ਪੈਦਾ ਕਰਦਾ ਹੈ।

1370	33	ਪੰਡਿਤੁ ਪੜੈ ਬੰਧਨ ਮੋਹ ਬਾਧਾ ਨਹ ਬੂਝੈ ਬਿਖਿਆ ਪਿਆਰਿ॥		Panddith Parrai Bandhhan Moh Baadhhaa Neh Boojhai Bikhiaa Piaar ||	The Pandits, the religious scholars, read the scriptures, but they are trapped in the bondage of emotional attachment. In love with evil, they do not understand.	ਮਾਇਆ ਦੇ ਬੰਧਨਾਂ ਵਿਚ ਮਾਇਆ ਦੇ ਮੋਹ ਦਾ ਬੱਝਾ ਹੋਇਆ ਪੰਡਿਤ (ਧਰਮ-ਪੁਸਤਕ) ਪੜ੍ਹਦਾ ਹੈ, ਪਰ ਮਾਇਆ ਦੇ ਪਿਆਰ ਵਿਚ (ਫਸਿਆ ਰਹਿਣ ਕਰਕੇ ਉਹ ਜੀਵਨ ਦਾ ਸਹੀ ਰਸਤਾ) ਨਹੀਂ ਸਮਝ ਸਕਦਾ।
1371	33	ਸਤਗੁਰਿ ਮਿਲਿਐ ਤ੍ਰਿਕੁਟੀ ਛੂਟੈ ਚਉਥੈ ਪਦਿ ਮੁਕਤਿ ਦੁਆਰੁ॥੨॥	(ਤ੍ਰਿਕੁਟੀ) ਰਜੋ ਤਮੋ ਸਤੋ। ਪਦਿ: ਪੋਲਾ ਬੋਲੋ	Sathagur Miliai Thrikuttee Shhoottai Chouthhai Padh Mukath Dhuaar ||2||	Meeting the Guru, the bondage of the three qualities is cut away, and in the fourth state, the Door of Liberation is attained. ||2||	ਜੇ ਸਤਿਗੁਰੂ ਮਿਲ ਪਏ ਤਾਂ (ਮਾਇਆ-ਮੋਹ ਦੇ ਕਾਰਨ ਪੈਦਾ ਹੋਈ ਅੰਦਰਲੀ) ਖਿੱਝ ਦੂਰ ਹੋ ਜਾਂਦੀ ਹੈ, ਮਾਇਆ ਦੇ ਤਿੰਨ ਗੁਣਾਂ ਤੋਂ ਉਤਲੇ ਆਤਮਕ ਦਰਜੇ ਵਿਚ (ਪਹੁੰਚਿਆਂ) (ਮਾਇਆ ਦੇ ਮੋਹ ਤੋਂ) ਖ਼ਲਾਸੀ ਦਾ ਦਰਵਾਜ਼ਾ ਲੱਭ ਪੈਂਦਾ ਹੈ ॥੨॥
1372	33	ਗੁਰ ਤੇ ਮਾਰਗੁ ਪਾਈਐ ਚੂਕੈ ਮੋਹੁ ਗੁਬਾਰੁ॥		Gur Thae Maarag Paaeeai Chookai Mohu Gubaar ||	Through the Guru, the Path is found, and the darkness of emotional attachment is dispelled.	ਗੁਰੂ ਪਾਸੋਂ ਜੀਵਨ ਦਾ ਸਹੀ ਰਸਤਾ ਲੱਭ ਪੈਂਦਾ ਹੈ (ਮਨ ਵਿਚੋਂ) ਮੋਹ (ਦਾ) ਹਨੇਰਾ ਦੂਰ ਹੋ ਜਾਂਦਾ ਹੈ।

1373	33	ਸਬਦਿ ਮਰੈ ਤਾ ਉਧਰੈ ਪਾਏ ਮੋਖ ਦੁਆਰੁ॥		Sabadh Marai Thaa Oudhharai Paaeae Mokh Dhuaar ||	If one dies through the Shabad, then salvation is obtained, and one finds the Door of Liberation.	ਜੇ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਮਾਇਆ ਦੇ ਮੋਹ ਵਲੋਂ ਮਰ ਜਾਏ ਤਾਂ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦਾ ਹੈ, ਤੇ ਵਿਕਾਰਾਂ ਤੋਂ ਖ਼ਲਾਸੀ ਦਾ ਦਰਵਾਜ਼ਾ ਲੱਭ ਲੈਂਦਾ ਹੈ।
1374	33	ਗੁਰ ਪਰਸਾਦੀ ਮਿਲਿ ਰਹੈ ਸਚੁ ਨਾਮੁ ਕਰਤਾਰੁ॥੩॥		Gur Parasaadhee Mil Rehai Sach Naam Karathaar ||3||	By Guru's Grace, one remains blended with the True Name of the Creator. ||3||	ਗੁਰੂ ਦੀ ਕਿਰਪਾ ਨਾਲ ਹੀ ਮਨੁੱਖ (ਪ੍ਰਭੂ-ਚਰਨਾਂ ਵਿਚ) ਜੁੜਿਆ ਰਹਿ ਸਕਦਾ ਹੈ, ਤੇ ਪ੍ਰਭੂ ਦਾ ਸਦਾ-ਥਿਰ ਨਾਮ ਪ੍ਰਾਪਤ ਕਰ ਸਕਦਾ ਹੈ ॥੩॥
1375	33	ਇਹੁ ਮਨੂਆ ਅਤਿ ਸਬਲ ਹੈ ਛਡੈ ਨ ਕਿਤੈ ਉਪਾਇ॥	ਸਬਲ: ਪੋਲਾ ਬੋਲੋ ਮਿਲਵਾਂ। (ਸਬਲ) ਸਹਿਤ ਬਲ ਦੇ	Eihu Manooaa Ath Sabal Hai Shhaddae N Kithai Oupaae ||	This mind is very powerful; we cannot escape it just by trying.	(ਨਹੀਂ ਤਾਂ) ਇਹ ਮਨ (ਤਾਂ) ਬੜਾ ਬਲਵਾਨ ਹੈ (ਗੁਰੂ ਦੀ ਸਰਨ ਤੋਂ ਬਿਨਾ ਹੋਰ) ਕਿਸੇ ਭੀ ਹੀਲੇ ਨਾਲ ਇਹ (ਕੁਰਾਹੇ ਪਾਣੋਂ) ਛੱਡਦਾ ਨਹੀਂ।
1376	33	ਦੂਜੈ ਭਾਇ ਦੁਖੁ ਲਾਇਦਾ ਬਹੁਤੀ ਦੇਇ ਸਜਾਇ॥		Dhoojai Bhaae Dhukh Laaeidhaa Bahuthee Dhaee Sajaae ||	In the love of duality, people suffer in pain, condemned to terrible punishment.	ਮਾਇਆ ਦੇ ਪਿਆਰ ਵਿਚ ਫਸਾ ਕੇ (ਮਨੁੱਖ ਨੂੰ) ਦੁੱਖ ਚੰਬੋੜ ਦੇਂਦਾ ਹੈ, ਤੇ ਬੜੀ ਸਜ਼ਾ ਦੇਂਦਾ ਹੈ।

1377	33	ਨਾਨਕ ਨਾਮਿ ਲਗੇ ਸੇ ਉਬਰੇ ਹਉਮੈ ਸਬਦਿ ਗਵਾਇ॥੪॥੧੮॥੫੧॥		Naanak Naam Lagae Sae Oubarae Houmai Sabadh Gavaae ||4||18||51||	O Nanak, those who are attached to the Naam are saved; through the Shabad, their ego is banished. ||4||18||51||	ਹੇ ਨਾਨਕ! ਜੇਹੜੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਹਉਮੈ ਦੂਰ ਕਰ ਕੇ ਪਰਮਾਤਮਾ ਦੇ ਨਾਮ ਵਿਚ ਜੁੜਦੇ ਹਨ ਉਹ (ਇਸ ਦੇ ਪੰਜੇ ਤੋਂ) ਬਚਦੇ ਹਨ ॥੪॥੧੮॥੫੧॥
1378	33	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1379	33	ਕਿਰਪਾ ਕਰੇ ਗੁਰੁ ਪਾਈਐ ਹਰਿ ਨਾਮੋ ਦੇਇ ਦ੍ਰਿੜਾਇ॥		Kirapaa Karae Gur Paaeeai Har Naamo Dhaee Dhrirraae ||	By His Grace, the Guru is found, and the Name of the Lord is implanted within.	(ਜਦੋਂ ਪਰਮਾਤਮਾ) ਕਿਰਪਾ ਕਰਦਾ ਹੈ (ਤਾਂ) ਗੁਰੂ ਮਿਲਦਾ ਹੈ (ਗੁਰੂ ਮਨੁੱਖ ਦੇ ਹਿਰਦੇ ਵਿਚ) ਪਰਮਾਤਮਾ ਦਾ ਨਾਮ ਪੱਕਾ ਕਰ ਦੇਂਦਾ ਹੈ।
1380	33	ਬਿਨੁ ਗੁਰ ਕਿਨੈ ਨ ਪਾਇਓ ਬਿਰਥਾ ਜਨਮੁ ਗਵਾਇ॥		Bin Gur Kinai N Paaeiou Birathhaa Janam Gavaae ||	Without the Guru, no one has obtained it; they waste away their lives in vain.	(ਕਦੇ ਭੀ) ਕਿਸੇ ਮਨੁੱਖ ਨੇ ਗੁਰੂ ਤੋਂ ਬਿਨਾ (ਪਰਮਾਤਮਾ ਨੂੰ) ਨਹੀਂ ਪ੍ਰਾਪਤ ਕੀਤਾ (ਜੇਹੜਾ ਮਨੁੱਖ ਗੁਰੂ ਦੀ ਸਰਨ ਨਹੀਂ ਆਉਂਦਾ ਉਹ) ਆਪਣਾ ਮਨੁੱਖਾ ਜਨਮ ਵਿਅਰਥ ਗਵਾ ਜਾਂਦਾ ਹੈ।
1381	33	ਮਨਮੁਖ ਕਰਮ ਕਮਾਵਣੇ ਦਰਗਹ ਮਿਲੈ ਸਜਾਇ॥੧॥		Manamukh Karam Kamaavanae Dharageh Milai Sajaae ||1||	The self-willed manmukhs create karma, and in the Court of the Lord, they receive their punishment. ||1||	ਆਪਣੇ ਮਨ ਦੇ ਪਿੱਛੇ ਤੁਰ ਕੇ (ਮਿੱਥੇ ਹੋਏ ਧਾਰਮਿਕ) ਕੰਮ (ਭੀ) ਕੀਤਿਆਂ ਪ੍ਰਭੂ ਦੀ ਦਰਗਾਹ ਵਿਚ ਸਜ਼ਾ ਹੀ ਮਿਲਦੀ ਹੈ ॥੧॥

1382	33	ਮਨ ਰੇ ਦੂਜਾ ਭਾਉ ਚੁਕਾਇ॥		Man Rae Dhoojaa Bhaao Chukaae ||	O mind, give up the love of duality.	ਹੇ ਮੇਰੇ ਮਨ! (ਗੁਰੂ ਦੀ ਸਰਨ ਪੈ ਕੇ ਆਪਣੇ ਅੰਦਰੋਂ) ਮਾਇਆ ਦਾ ਪਿਆਰ ਦੂਰ ਕਰ।
1383	33	ਅੰਤਰਿ ਤੇਰੈ ਹਰਿ ਵਸੈ ਗੁਰ ਸੇਵਾ ਸੁਖੁ ਪਾਇ॥ਰਹਾਉ॥		Anthar Thaerai Har Vasai Gur Saevaa Sukh Paae || Rehaao ||	The Lord dwells within you; serving the Guru, you shall find peace. ||Pause||	ਪਰਮਾਤਮਾ ਤੇਰੇ ਅੰਦਰ ਵੱਸਦਾ ਹੈ (ਫਿਰ ਭੀ ਤੂੰ ਸੁਖੀ ਨਹੀਂ ਹੈਂ) ਗੁਰੂ ਦੀ ਦੱਸੀ ਸੇਵਾ ਭਗਤੀ ਕੀਤਿਆਂ ਹੀ ਆਤਮਕ ਸੁੱਖ ਲੱਭਦਾ ਹੈ ॥੧॥
1384	33	ਸਚੁ ਬਾਣੀ ਸਚੁ ਸਬਦੁ ਹੈ ਜਾ ਸਚਿ ਧਰੇ ਪਿਆਰੁ॥		Sach Baanee Sach Sabadh Hai Jaa Sach Dhharae Piaar ||	When you love the Truth, your words are true; they reflect the True Word of the Shabad.	ਜਦੋਂ ਮਨੁੱਖ ਸਦਾ-ਥਿਰ ਪਰਮਾਤਮਾ ਵਿਚ ਪਿਆਰ ਜੋੜਦਾ ਹੈ, ਤਦੋਂ ਉਸ ਨੂੰ ਗੁਰੂ ਦੀ ਬਾਣੀ ਗੁਰੂ ਦਾ ਸ਼ਬਦ ਯਥਾਰਥ ਪ੍ਰਤੀਤ ਹੁੰਦਾ ਹੈ।
1385	33	ਹਰਿ ਕਾ ਨਾਮੁ ਮਨਿ ਵਸੈ ਹਉਮੈ ਕ੍ਰੋਧੁ ਨਿਵਾਰਿ॥		Har Kaa Naam Man Vasai Houmai Krodhh Nivaar ||	The Name of the Lord dwells within the mind; egotism and anger are wiped away.	(ਗੁਰੂ ਦੇ ਸ਼ਬਦ ਦੀ ਰਾਹੀਂ ਅੰਦਰੋਂ) ਹਉਮੈ ਤੇ ਕ੍ਰੋਧ ਦੂਰ ਕਰ ਕੇ ਪਰਮਾਤਮਾ ਦਾ ਨਾਮ ਮਨੁੱਖ ਦੇ ਮਨ ਵਿਚ ਆ ਵੱਸਦਾ ਹੈ।
1386	33	ਮਨਿ ਨਿਰਮਲ ਨਾਮੁ ਧਿਆਈਐ ਤਾ ਪਾਏ ਮੋਖ ਦੁਆਰੁ॥੨॥		Man Niramal Naam Dhhiaaeeai Thaa Paaeae Mokh Dhuaar ||2||	Meditating on the Naam with a pure mind, the Door of Liberation is found. ||2||	ਪਰਮਾਤਮਾ ਦਾ ਨਾਮ ਪਵਿਤ੍ਰ ਮਨ ਦੇ ਰਾਹੀਂ ਹੀ ਸਿਮਰਿਆ ਜਾ ਸਕਦਾ ਹੈ (ਜਦੋਂ ਮਨੁੱਖ ਸਿਮਰਦਾ ਹੈ) ਤਦੋਂ ਵਿਕਾਰਾਂ ਤੋਂ ਖ਼ਲਾਸੀ ਦਾ ਰਾਹ ਲੱਭ ਲੈਂਦਾ ਹੈ ॥੨॥

1387	33	ਹਉਮੈ ਵਿਚਿ ਜਗੁ ਬਿਨਸਦਾ ਮਰਿ ਜੰਮੈ ਆਵੈ ਜਾਇ॥	(ਬਿਨਸਦਾ) ਨਾਸ ਹੁੰਦਾ	Houmai Vich Jag Binasadhaa Mar Janmai Aavai Jaae ||	Engrossed in egotism, the world perishes. It dies and is re-born; it continues coming and going in reincarnation.	ਜਗਤ ਹਉਮੈ ਵਿਚ ਫਸ ਕੇ ਆਤਮਕ ਮੌਤ ਸਹੇੜਦਾ ਹੈ ਤੇ ਮੁੜ ਮੁੜ ਜੰਮਦਾ ਮਰਦਾ ਰਹਿੰਦਾ ਹੈ।
1388	33	ਮਨਮੁਖ ਸਬਦੁ ਨ ਜਾਣਨੀ ਜਾਸਨਿ ਪਤਿ ਗਵਾਇ॥	(ਜਾਸਨਿ) ਜਾਂਦੇ	Manamukh Sabadh N Jaananee Jaasan Path Gavaae ||	The self-willed manmukhs do not recognize the Shabad; they forfeit their honor, and depart in disgrace.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਗੁਰੂ ਦੇ ਸ਼ਬਦ (ਦੀ ਕਦਰ) ਨਹੀਂ ਜਾਣਦੇ, ਉਹ ਆਪਣੀ ਇੱਜ਼ਤ ਗਵਾ ਕੇ ਹੀ (ਜਗਤ ਵਿਚੋਂ) ਜਾਣਗੇ।
1389	33	ਗੁਰ ਸੇਵਾ ਨਾਉ ਪਾਈਐ ਸਚੇ ਰਹੈ ਸਮਾਇ॥੩॥		Gur Saevaa Naao Paaeeai Sachae Rehai Samaae ||3||	Serving the Guru, the Name is obtained, and one remains absorbed in the True Lord. ||3||	ਗੁਰੂ ਦੀ ਦੱਸੀ ਸੇਵਾ-ਭਗਤੀ ਕੀਤਿਆਂ ਪਰਮਾਤਮਾ ਦਾ ਨਾਮ ਪ੍ਰਾਪਤ ਹੁੰਦਾ ਹੈ (ਜੋ ਮਨੁੱਖ ਗੁਰੂ ਦੀ ਦੱਸੀ ਸੇਵਾ ਕਰਦਾ ਹੈ ਉਹ) ਸਦਾ-ਥਿਰ ਪਰਮਾਤਮਾ ਵਿਚ ਲੀਨ ਰਹਿੰਦਾ ਹੈ ॥੩॥
1390	34	ਸਬਦਿ ਮੰਨਿਐ ਗੁਰੁ ਪਾਈਐ ਵਿਚਹੁ ਆਪੁ ਗਵਾਇ॥		Sabadh Manniai Gur Paaeeai Vichahu Aap Gavaae ||	With faith in the Shabad, the Guru is found, and selfishness is eradicated from within.	ਜੇ ਗੁਰੂ ਦੇ ਸ਼ਬਦ ਵਿਚ ਸਰਧਾ ਬਣ ਜਾਏ ਤਾਂ ਗੁਰੂ ਮਿਲ ਪੈਂਦਾ ਹੈ (ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਸਰਧਾ ਬਣਾਂਦਾ ਹੈ ਉਹ ਆਪਣੇ) ਅੰਦਰੋਂ ਹਉਮੈ ਦੂਰ ਕਰ ਲੈਂਦਾ ਹੈ।

1391	34	ਅਨ ਦਿਨੁ ਭਗਤਿ ਕਰੇ ਸਦਾ ਸਾਚੇ ਕੀ ਲਿਵ ਲਾਇ॥		Anadhin Bhagath Karae Sadhaa Saachae Kee Liv Laae ||	Night and day, worship the True Lord with devotion and love forever.	ਉਹ ਹਰ ਵੇਲੇ ਸਦਾ-ਥਿਰ ਪ੍ਰਭੂ ਦੇ ਚਰਨਾਂ ਵਿਚ ਸੁਰਤ ਜੋੜ ਕੇ ਸਦਾ ਉਸ ਦੀ ਭਗਤੀ ਕਰਦਾ ਹੈ।
1392	34	ਨਾਮੁ ਪਦਾਰਥੁ ਮਨਿ ਵਸਿਆ ਨਾਨਕ ਸਹਜਿ ਸਮਾਇ॥੪॥੧੯॥੫੨॥		Naam Padhaarathh Man Vasiaa Naanak Sehaj Samaae ||4||19||52||	The Treasure of the Naam abides in the mind; O Nanak, in the poise of perfect balance, merge into the Lord. ||4||19||52||	ਹੇ ਨਾਨਕ! ਉਸ ਦੇ ਮਨ ਵਿਚ ਪਰਮਾਤਮਾ ਦਾ ਅਮੋਲਕ ਨਾਮ ਆ ਵੱਸਦਾ ਹੈ। ਉਹ ਆਤਮਕ ਅਡੋਲਤਾ ਵਿਚ (ਭੀ) ਟਿਕਿਆ ਰਹਿੰਦਾ ਹੈ ॥੪॥੧੯॥੫੨॥{33-34}
1393	34	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1394	34	ਜਿਨੀ ਪੁਰਖੀ ਸਤਗੁਰੁ ਨ ਸੇਵਿਓ ਸੇ ਦੁਖੀਏ ਜੁਗ ਚਾਰਿ॥	ਪੁਰਖੀਂ	Jinee Purakhee Sathagur N Saeviou Sae Dhukheeeae Jug Chaar ||	Those who do not serve the True Guru shall be miserable throughout the four ages.	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਦੱਸੀ ਸੇਵਾ ਨਹੀਂ ਕੀਤੀ, ਉਹ ਚੌਹਾਂ ਜੁਗਾਂ ਵਿਚ ਦੁਖੀ ਰਹਿੰਦੇ ਹਨ (ਭਾਵ, ਜੁਗ ਕੋਈ ਭੀ ਹੋਵੇ ਗੁਰੂ ਦੀ ਸਰਨ ਤੋਂ ਬਿਨਾ ਦੁੱਖ ਹੈ)।
1395	34	ਘਰਿ ਹੋਦਾ ਪੁਰਖੁ ਨ ਪਛਾਣਿਆ ਅਭਿਮਾਨਿ ਮੁਠੇ ਅਹੰਕਾਰਿ॥	ਅਹੰ-ਕਾਰਿ	Ghar Hodhaa Purakh N Pashhaaniaa Abhimaan Muthae Ahankaar ||	The Primal Being is within their own home, but they do not recognize Him. They are plundered by their egotistical pride and arrogance.	ਉਹ ਮਨੁੱਖ ਹਿਰਦੇ-ਘਰ ਵਿਚ ਵੱਸਦੇ ਪਰਮਾਤਮਾ ਨੂੰ ਨਹੀਂ ਪਛਾਣ ਸਕਦੇ, ਉਹ ਅਹੰਕਾਰ ਵਿਚ ਅਭਿਮਾਨ ਵਿਚ (ਫਸੇ ਰਹਿ ਕੇ ਆਤਮਕ ਜੀਵਨ ਦੀ ਰਾਸ-ਪੂੰਜੀ) ਲੁਟਾ ਬੈਠਦੇ ਹਨ।

1396	34	ਸਤਗੁਰੂ ਕਿਆ ਫਿਟਕਿਆ ਮੰਗਿ ਥਕੇ ਸੰਸਾਰਿ॥	(ਫਿਟ–ਕਿਆ) ਧ੍ਰਿਕਾਰਿਆ	Sathaguroo Kiaa Fittakiaa Mang Thhakae Sansaar ||	Cursed by the True Guru, they wander around the world begging, until they are exhausted.	ਗੁਰੂ ਵਲੋਂ ਬੇ-ਮੁੱਖ ਮਨੁੱਖ ਜਗਤ ਵਿਚ ਮੰਗਦੇ ਫਿਰਦੇ ਹਨ (ਭਾਵ, ਮਾਇਆ ਦੀ ਖ਼ਾਤਰ ਭਟਕਦੇ ਫਿਰਦੇ ਹਨ)।
1397	34	ਸਚਾ ਸਬਦੁ ਨ ਸੇਵਿਓ ਸਭਿ ਕਾਜ ਸਵਾਰਣਹਾਰੁ॥੧॥		Sachaa Sabadh N Saeviou Sabh Kaaj Savaaranehaar ||1||	They do not serve the True Word of the Shabad, which is the solution to all of their problems. ||1||	ਉਹ ਬੰਦੇ ਉਸ ਅਟੱਲ ਗੁਰ-ਸ਼ਬਦ ਨੂੰ ਨਹੀਂ ਸਿਮਰਦੇ ਜੋ ਸਾਰੇ ਕੰਮ ਸਵਾਰਣ ਦੇ ਸਮਰੱਥ ਹੈ ॥੧॥
1398	34	ਮਨ ਮੇਰੇ ਸਦਾ ਹਰਿ ਵੇਖੁ ਹਦੂਰਿ॥		Man Maerae Sadhaa Har Vaekh Hadhoor ||	O my mind, see the Lord ever close at hand.	ਹੇ ਮੇਰੇ ਮਨ! ਪਰਮਾਤਮਾ ਨੂੰ ਸਦਾ (ਆਪਣੇ) ਅੰਗ-ਸੰਗ ਵੇਖ।
1399	34	ਜਨਮ ਮਰਨ ਦੁਖੁ ਪਰਹਰੈ ਸਬਦਿ ਰਹਿਆ ਭਰਪੂਰਿ॥੧॥ਰਹਾਉ ॥	(ਪਰਹਰੈ) ਵਿਸ਼ੇਸ਼ ਕਰਕੇ ਖਤਮ ਹੋਣੇ	Janam Maran Dhukh Pareharai Sabadh Rehiaa Bharapoor ||1|| Rehaao ||	He shall remove the pains of death and rebirth; the Word of the Shabad shall fill you to overflowing. ||1||Pause||	ਪਰਮਾਤਮਾ (ਜੀਵਾਂ ਦਾ) ਜਨਮ ਮਰਨ ਦਾ ਦੁੱਖ ਦੂਰ ਕਰ ਦੇਂਦਾ ਹੈ, ਉਹ ਗੁਰੂ ਦੇ ਸ਼ਬਦ ਵਿਚ ਭਰਪੂਰ ਵੱਸ ਰਿਹਾ ਹੈ (ਇਸ ਵਾਸਤੇ, ਹੇ ਮਨ! ਗੁਰੂ ਦਾ ਸ਼ਬਦ ਆਪਣੇ ਅੰਦਰ ਧਾਰਨ ਕਰ) ॥੧॥ ਰਹਾਉ ॥
1400	34	ਸਚੁ ਸਲਾਹਨਿ ਸੇ ਸਚੇ ਸਚਾ ਨਾਮੁ ਅਧਾਰੁ॥		Sach Salaahan Sae Sachae Sachaa Naam Adhhaar ||	Those who praise the True One are true; the True Name is their Support.	ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦੇ ਹਨ, ਉਹ ਉਸ ਸਦਾ-ਥਿਰ ਦਾ ਰੂਪ ਹੋ ਜਾਂਦੇ ਹਨ। ਪਰਮਾਤਮਾ ਦਾ ਸਦਾ-ਥਿਰ ਨਾਮ ਉਹਨਾਂ (ਦੀ ਜ਼ਿੰਦਗੀ) ਦਾ ਆਸਰਾ ਬਣ ਜਾਂਦਾ ਹੈ।

1401	34	ਸਚੀ ਕਾਰ ਕਮਾਵਣੀ ਸਚੇ ਨਾਲਿ ਪਿਆਰੁ॥		Sachee Kaar Kamaavanee Sachae Naal Piaar ||	They act truthfully, in love with the True Lord.	ਜਿਨ੍ਹਾਂ ਨੇ ਸਿਮਰਨ ਦੀ ਇਹ ਸਦਾ- ਥਿਰ ਰਹਿਣ ਵਾਲੀ ਕਾਰ ਕੀਤੀ ਹੈ, ਉਹਨਾਂ ਦਾ ਪਿਆਰ ਸਦਾ-ਥਿਰ ਪ੍ਰਭੂ ਨਾਲ ਬਣ ਜਾਂਦਾ ਹੈ।
1402	34	ਸਚਾ ਸਾਹੁ ਵਰਤਦਾ ਕੋਇ ਨ ਮੇਟਣਹਾਰੁ॥		Sachaa Saahu Varathadhaa Koe N Maettanehaar ||	The True King has written His Order, which no one can erase.	(ਪਰਮਾਤਮਾ ਹੀ) ਸਦਾ-ਥਿਰ ਰਹਿਣ ਵਾਲਾ ਸ਼ਾਹ ਹੈ (ਜਿਸ ਦਾ ਹੁਕਮ ਜਗਤ ਵਿਚ) ਚੱਲ ਰਿਹਾ ਹੈ, ਕੋਈ ਜੀਵ ਉਸ ਦਾ ਹੁਕਮ ਉਲੰਘ ਨਹੀਂ ਸਕਦਾ।
1403	34	ਮਨਮੁਖ ਮਹਲੁ ਨ ਪਾਇਨੀ ਕੂੜਿ ਮੁਠੇ ਕੂੜਿਆਰ॥੨॥		Manamukh Mehal N Paaeinee Koorr Muthae Koorriaar ||2||	The self-willed manmukhs do not obtain the Mansion of the Lord's Presence. The false are plundered by falsehood. ||2||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਪਰਮਾਤਮਾ ਦਾ ਦਰ-ਘਰ ਨਹੀਂ ਲੱਭ ਸਕਦੇ। ਉਹ ਨਾਸਵੰਤ ਜਗਤ ਦੇ ਵਪਾਰੀ ਝੂਠੇ ਮੋਹ ਵਿਚ ਹੀ (ਆਤਮਕ ਜੀਵਨ ਦੀ ਰਾਸ-ਪੂੰਜੀ) ਠਗਾ ਬੈਠਦੇ ਹਨ ॥੨॥
1404	34	ਹਉਮੈ ਕਰਤਾ ਜਗੁ ਮੁਆ ਗੁਰ ਬਿਨੁ ਘੋਰ ਅੰਧਾਰੁ॥		Houmai Karathaa Jag Muaa Gur Bin Ghor Andhhaar ||	Engrossed in egotism, the world perishes. Without the Guru, there is utter darkness.	ਜਗਤ 'ਮੈਂ ਮੈਂ' ਕਰਦਾ ਹੀ (ਭਾਵ, 'ਮੈਂ ਵੱਡਾ ਹਾਂ ਮੈਂ ਵੱਡਾ ਹਾਂ' ਇਸ ਅਹੰਕਾਰ ਵਿਚ) ਆਤਮਕ ਮੌਤ ਸਹੇੜ ਲੈਂਦਾ ਹੈ, ਗੁਰੂ ਦੀ ਸਰਨ ਤੋਂ ਵਾਂਜੇ ਰਹਿ ਕੇ (ਇਸ ਦੇ ਵਾਸਤੇ) ਘੁੱਪ ਹਨੇਰਾ (ਬਣਿਆ ਰਹਿੰਦਾ) ਹੈ।

1405	34	ਮਾਇਆ ਮੋਹਿ ਵਿਸਾਰਿਆ ਸੁਖਦਾਤਾ ਦਾਤਾਰੁ॥	(ਵਿਸਾਰਿਆ) ਭੁਲਾਇਆ	Maaeiaa Mohi Visaariaa Sukhadhaathaa Dhaathaar ||	In emotional attachment to Maya, they have forgotten the Great Giver, the Giver of Peace.	ਮਾਇਆ ਦੇ ਮੋਹ ਵਿਚ ਫਸ ਕੇ (ਇਸ ਨੇ) ਸੁਖ ਦੇਣ ਵਾਲਾ ਤੇ ਸਭ ਦਾਤਾਂ ਦੇਣ ਵਾਲਾ ਪਰਮਾਤਮਾ ਭੁਲਾ ਦਿੱਤਾ ਹੈ।
1406	34	ਸਤਗੁਰੁ ਸੇਵਹਿ ਤਾ ਉਬਰਹਿ ਸਚੁ ਰਖਹਿ ਉਰ ਧਾਰਿ॥		Sathagur Saevehi Thaa Oubarehi Sach Rakhehi Our Dhhaar ||	Those who serve the True Guru are saved; they keep the True One enshrined in their hearts.	ਜਦੋਂ ਜੀਵ ਗੁਰੂ ਦੀ ਦੱਸੀ ਸੇਵਾ ਕਰਦੇ ਹਨ, ਤਦੋਂ (ਮਾਇਆ ਦੇ ਮੋਹ ਦੇ ਘੁੱਪ ਹਨੇਰੇ ਤੋਂ) ਬਚ ਜਾਂਦੇ ਹਨ, ਤੇ ਸਦਾ-ਥਿਰ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੇ ਹਨ।
1407	34	ਕਿਰਪਾ ਤੇ ਹਰਿ ਪਾਈਐ ਸਚਿ ਸਬਦਿ ਵੀਚਾਰਿ॥੩॥		Kirapaa Thae Har Paaeeai Sach Sabadh Veechaar ||3||	By His Grace, we find the Lord, and reflect on the True Word of the Shabad. ||3||	ਪ੍ਰਭੂ ਆਪਣੀ ਮਿਹਰ ਨਾਲ ਹੀ ਮਿਲਦਾ ਹੈ (ਮਿਹਰ ਨਾਲ ਹੀ) ਸਦਾ-ਥਿਰ ਗੁਰ-ਸ਼ਬਦ ਦੀ ਰਾਹੀਂ (ਉਸ ਦੇ ਗੁਣਾਂ ਦੀ) ਵਿਚਾਰ ਕੀਤੀ ਜਾ ਸਕਦੀ ਹੈ ॥੩॥
1408	34	ਸਤਗੁਰੁ ਸੇਵਿ ਮਨੁ ਨਿਰਮਲਾ ਹਉਮੈ ਤਜਿ ਵਿਕਾਰਿ॥		Sathagur Saev Man Niramalaa Houmai Thaj Vikaar ||	Serving the True Guru, the mind becomes immaculate and pure; egotism and corruption are discarded.	ਗੁਰੂ ਦੀ ਦੱਸੀ ਸੇਵਾ ਕਰ ਕੇ ਹਉਮੈ ਤੋਂ ਪੈਦਾ ਹੋਣ ਵਾਲੇ ਵਿਕਾਰ ਛੱਡ ਕੇ (ਮਨੁੱਖ ਦਾ) ਮਨ ਪਵਿਤ੍ਰ ਹੋ ਜਾਂਦਾ ਹੈ।

1409	34	ਆਪੁ ਛੋਡਿ ਜੀਵਤ ਮਰੈ ਗੁਰ ਕੈ ਸਬਦਿ ਵੀਚਾਰ॥		Aap Shhodd Jeevath Marai Gur Kai Sabadh Veechaar ||	So abandon your selfishness, and remain dead while yet alive. Contemplate the Word of the Guru's Shabad.	ਗੁਰੂ ਦੇ ਸ਼ਬਦ ਦੀ ਰਾਹੀਂ (ਪ੍ਰਭੂ ਦੇ ਗੁਣਾਂ ਦੀ) ਵਿਚਾਰ (ਹਿਰਦੇ ਵਿਚ ਟਿਕਾ ਕੇ), ਤੇ ਆਪਾ-ਭਾਵ ਦੂਰ ਕਰ ਕੇ ਮਨੁੱਖ ਦੁਨੀਆ ਦੀ ਕਿਰਤ ਕਾਰ ਕਰਦਾ ਹੀ ਵਿਕਾਰਾਂ ਵੱਲੋਂ ਮਰ ਜਾਂਦਾ ਹੈ।
1410	34	ਧੰਧਾ ਧਾਵਤ ਰਹਿ ਗਏ ਲਾਗਾ ਸਾਚਿ ਪਿਆਰੁ॥		Dhhandhhaa Dhhaavath Rehi Geae Laagaa Saach Piaar ||	The pursuit of worldly affairs comes to an end, when you embrace love for the True One.	ਜਿਨ੍ਹਾਂ ਮਨੁੱਖਾਂ ਦਾ ਸਦਾ-ਥਿਰ ਪ੍ਰਭੂ (ਦੇ ਚਰਨਾਂ) ਵਿਚ ਪਿਆਰ ਬਣ ਜਾਂਦਾ ਹੈ, ਉਹ ਮੋਹ ਦੇ ਝਮੇਲਿਆਂ ਦੀ ਭਟਕਣਾ ਤੋਂ ਬਚ ਜਾਂਦੇ ਹਨ।
1411	34	ਸਚਿ ਰਤੇ ਮੁਖ ਉਜਲੇ ਤਿਤੁ ਸਾਚੈ ਦਰਬਾਰਿ॥੪॥		Sach Rathae Mukh Oujalae Thith Saachai Dharabaar ||4||	Those who are attuned to Truth-their faces are radiant in the Court of the True Lord. ||4||	ਸਦਾ-ਥਿਰ ਪ੍ਰਭੂ ਦੇ ਰੰਗ ਵਿਚ ਰੰਗੇ ਹੋਏ ਬੰਦੇ ਸਦਾ-ਥਿਰ ਪ੍ਰਭੂ ਦੇ ਦਰਬਾਰ ਵਿਚ ਸੁਰਖ਼ਰੂ ਹੋ ਜਾਂਦੇ ਹਨ ॥੪॥
1412	34	ਸਤਗੁਰੁ ਪੁਰਖੁ ਨ ਮੰਨਿਓ ਸਬਦਿ ਨ ਲਗੋ ਪਿਆਰੁ॥		Sathagur Purakh N Manniou Sabadh N Lago Piaar ||	Those who do not have faith in the Primal Being, the True Guru, and who do not enshrine love for the Shabad	ਜਿਨ੍ਹਾਂ ਮਨੁੱਖਾਂ ਨੇ ਸਤਿਗੁਰੂ ਨੂੰ (ਆਪਣਾ ਜੀਵਨ-ਰਾਹਬਰ) ਨਹੀਂ ਮੰਨਿਆ, ਜਿਨ੍ਹਾਂ ਦਾ ਗੁਰੂ ਦੇ ਸ਼ਬਦ ਵਿਚ ਪਿਆਰ ਨਹੀਂ ਬਣਿਆ।

1413	34	ਇਸਨਾਨੁ ਦਾਨੁ ਜੇਤਾ ਕਰਹਿ ਦੂਜੈ ਭਾਇ ਖੁਆਰੁ॥		Eisanaan Dhaan Jaethaa Karehi Dhoojai Bhaae Khuaar ||	They take their cleansing baths, and give to charity again and again, but they are ultimately consumed by their love of duality.	ਉਹ ਜਿਤਨਾ ਭੀ (ਤੀਰਥ-) ਇਸ਼ਨਾਨ ਕਰਦੇ ਹਨ ਜਿਤਨਾ ਭੀ ਦਾਨ ਪੁੰਨ ਕਰਦੇ ਹਨ ਮਾਇਆ ਦੇ ਪਿਆਰ ਦੇ ਕਾਰਨ ਉਹ ਸਾਰਾ ਉਹਨਾਂ ਨੂੰ ਖ਼ੁਆਰ ਹੀ ਕਰਦਾ ਹੈ।
1414	34	ਹਰਿ ਜੀਉ ਆਪਣੀ ਕ੍ਰਿਪਾ ਕਰੇ ਤਾ ਲਾਗੈ ਨਾਮ ਪਿਆਰੁ॥		Har Jeeo Aapanee Kirapaa Karae Thaa Laagai Naam Piaar ||	When the Dear Lord Himself grants His Grace, they are inspired to love the Naam.	ਜਦੋਂ ਪਰਮਾਤਮਾ ਆਪ ਆਪਣੀ ਮਿਹਰ ਕਰੇ, ਤਦੋਂ ਹੀ ਜੀਵ ਦਾ ਉਸ ਦੇ ਨਾਮ ਨਾਲ ਪਿਆਰ ਬਣਦਾ ਹੈ।
1415	34	ਨਾਨਕ ਨਾਮੁ ਸਮਾਲਿ ਤੂ ਗੁਰ ਕੈ ਹੇਤਿ ਅਪਾਰਿ॥੫॥੨੦॥੫੩॥	(ਅਪਾਰਿ) ਬਹੁਤ (ਹੇਤਿ) ਪ੍ਰੇਮ	Naanak Naam Samaal Thoo Gur Kai Haeth Apaar ||5||20||53||	O Nanak, immerse yourself in the Naam, through the Infinite Love of the Guru. ||5||20||53||	ਹੇ ਨਾਨਕ! ਗੁਰੂ ਦੇ ਅਤੁੱਟ ਪ੍ਰੇਮ ਦੀ ਬਰਕਤਿ ਨਾਲ ਤੂੰ ਪਰਮਾਤਮਾ ਦਾ ਨਾਮ (ਆਪਣੇ ਹਿਰਦੇ ਵਿਚ) ਸਾਂਭ ਕੇ ਰੱਖ ॥੫॥੨੦॥੫੩॥
1416	34	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1417	34	ਕਿਸੁ ਹਉ ਸੇਵੀ ਕਿਆ ਜਪੁ ਕਰੀ ਸਤਗੁਰ ਪੂਛਉ ਜਾਇ॥		Kis Ho Saevee Kiaa Jap Karee Sathagur Pooshho Jaae ||	Whom shall I serve? What shall I chant? I will go and ask the Guru.	ਜਦੋਂ ਮੈਂ ਆਪਣੇ ਗੁਰੂ ਪਾਸੋਂ ਪੁੱਛਦਾ ਹਾਂ ਕਿ (ਵਿਕਾਰਾਂ ਤੋਂ ਬਚਣ ਵਾਸਤੇ) ਮੈਂ ਕਿਸ ਦੀ ਸੇਵਾ ਕਰਾਂ ਤੇ ਕੇਹੜਾ ਜਪ ਕਰਾਂ?

1418	34	ਸਤਗੁਰ ਕਾ ਭਾਣਾ ਮੰਨਿ ਲਈ ਵਿਚਹੁ ਆਪੁ ਗਵਾਇ॥		Sathagur Kaa Bhaanaa Mann Lee Vichahu Aap Gavaae ||	I will accept the Will of the True Guru, and eradicate selfishness from within.	(ਤਾਂ ਗੁਰੂ ਪਾਸੋਂ ਉਪਦੇਸ਼ ਮਿਲਦਾ ਹੈ ਕਿ) ਮੈਂ ਆਪਣੇ ਅੰਦਰੋਂ ਹਉਮੈ ਦੂਰ ਕਰ ਕੇ ਗੁਰੂ ਦਾ ਹੁਕਮ ਮੰਨਾਂ।
1419	34	ਏਹਾ ਸੇਵਾ ਚਾਕਰੀ ਨਾਮੁ ਵਸੈ ਮਨਿ ਆਇ॥		Eaehaa Saevaa Chaakaree Naam Vasai Man Aae ||	By this work and service, the Naam shall come to dwell within my mind.	(ਗੁਰੂ ਦਾ ਹੁਕਮ ਮੰਨਣਾ ਹੀ ਇਕ) ਐਸੀ ਸੇਵਾ ਹੈ ਐਸੀ ਚਾਕਰੀ ਹੈ (ਜਿਸ ਦੀ ਬਰਕਤਿ ਨਾਲ ਪਰਮਾਤਮਾ ਦਾ) ਨਾਮ ਮਨ ਵਿਚ ਆ ਵੱਸਦਾ ਹੈ।
1420	34	ਨਾਮੈ ਹੀ ਤੇ ਸੁਖੁ ਪਾਈਐ ਸਚੈ ਸਬਦਿ ਸੁਹਾਇ॥੧॥	(ਸੁਹਾਇ) ਸੋਭਾ ਪ੍ਰਾਪਤ	Naamai Hee Thae Sukh Paaeeai Sachai Sabadh Suhaae ||1||	Through the Naam, peace is obtained; I am adorned and embellished by the True Word of the Shabad. ||1||	ਪਰਮਾਤਮਾ ਦੇ ਨਾਮ ਦੀ ਰਾਹੀਂ ਹੀ ਆਤਮਕ ਆਨੰਦ ਮਿਲਦਾ ਹੈ, ਤੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ ਆਤਮਕ ਜੀਵਨ ਸੋਹਣਾ ਬਣ ਜਾਂਦਾ ਹੈ ॥੧॥
1421	34	ਮਨ ਮੇਰੇ ਅਨ ਦਿਨੁ ਜਾਗੁ ਹਰਿ ਚੇਤਿ॥		Man Maerae Anadhin Jaag Har Chaeth ||	O my mind, remain awake and aware night and day, and think of the Lord.	ਹੇ ਮੇਰੇ ਮਨ! ਹਰ ਵੇਲੇ (ਵਿਕਾਰਾਂ ਦੇ ਹੱਲਿਆਂ ਵੱਲੋਂ) ਸੁਚੇਤ ਰਹੁ, ਤੇ ਪਰਮਾਤਮਾ (ਦਾ ਨਾਮ) ਸਿਮਰ।
1422	34	ਆਪਣੀ ਖੇਤੀ ਰਖਿ ਲੈ ਕੂੰਜ ਪੜੈਗੀ ਖੇਤਿ॥੧॥ਰਹਾਉ॥	ਮੌਤ ਰੂਪੀ ਕੂੰਜ, ਸਰੀਰ ਰੂਪੀ ਖੇਤ ਨੂੰ (ਪੜੈਗੀ) ਪਵੇਗੀ। ਪੜੈ-ਗੀ: ਝਾੜੇ ਹਲੰਤ ਨਹੀਂ ਲਾਉਣਾ	Aapanee Khaethee Rakh Lai Koonj Parraigee Khaeth ||1|| Rehaao ||	Protect your crops, or else the birds shall descend on your farm. ||1||Pause||	ਇਸ ਤਰ੍ਹਾਂ ਆਪਣੇ ਆਤਮਕ ਜੀਵਨ ਦੀ ਫ਼ਸਲ (ਇਹਨਾਂ ਵਿਕਾਰਾਂ ਤੋਂ) ਬਚਾ ਲੈ। ਅੰਤ ਨੂੰ ਤੇਰੇ ਉਮਰ ਦੇ ਖੇਤ ਵਿਚ ਕੂੰਜ ਆ ਪਏਗੀ (ਭਾਵ, ਬਿਰਧ ਅਵਸਥਾ ਆ ਪਹੁੰਚੇਗੀ) ॥੧॥ ਰਹਾਉ ॥

1423	34	ਮਨ ਕੀਆ ਇਛਾ ਪੂਰੀਆ ਸਬਦਿ ਰਹਿਆ ਭਰਪੂਰਿ॥		Man Keeaa Eishhaa Pooreeaa Sabadh Rehiaa Bharapoor ||	The desires of the mind are fulfilled, when one is filled to overflowing with the Shabad.	ਜੇਹੜੇ ਬੰਦੇ ਪਰਮਾਤਮਾ ਦੇ ਅਦਬ ਵਿਚ ਤੇ ਪ੍ਰੇਮ ਵਿਚ ਰਹਿ ਕੇ ਉਸਦੀ ਭਗਤੀ ਦਿਨ ਰਾਤ ਕਰਦੇ ਹਨ, ਉਹਨਾਂ ਦੇ ਮਨ ਦੀਆਂ ਭਾਵਨੀਆਂ ਪੂਰੀਆਂ ਹੋ ਜਾਂਦੀਆਂ ਹਨ (ਭਾਵ, ਉਹਨਾਂ ਦਾ ਮਨ ਕਾਮਨਾ-ਰਹਿਤ ਹੋ ਜਾਂਦਾ ਹੈ)।
1424	34	ਭੈ ਭਾਇ ਭਗਤਿ ਕਰਹਿ ਦਿਨੁ ਰਾਤੀ ਹਰਿ ਜੀਉ ਵੇਖੈ ਸਦਾ ਹਦੂਰਿ॥		Bhai Bhaae Bhagath Karehi Dhin Raathee Har Jeeo Vaekhai Sadhaa Hadhoor ||	One who fears, loves, and is devoted to the Dear Lord day and night, sees Him always close at hand.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਨੂੰ ਪਰਮਾਤਮਾ ਹਰ ਥਾਂ ਵਿਆਪਕ ਦਿੱਸਦਾ ਹੈ (ਉਹਨਾਂ ਨੂੰ ਯਕੀਨ ਬਣ ਜਾਂਦਾ ਹੈ ਕਿ) ਪਰਮਾਤਮਾ ਸਦਾ ਹਾਜ਼ਰ-ਨਾਜ਼ਰ (ਹੋ ਕੇ ਸਭ ਜੀਵਾਂ ਦੀ) ਸੰਭਾਲ ਕਰਦਾ ਹੈ।
1425	34	ਸਚੈ ਸਬਦਿ ਸਦਾ ਮਨੁ ਰਾਤਾ ਭ੍ਰਮੁ ਗਇਆ ਸਰੀਰਹੁ ਦੂਰਿ॥	ਗ-ਇਆ	Sachai Sabadh Sadhaa Man Raathaa Bhram Gaeiaa Sareerahu Dhoor ||	Doubt runs far away from the bodies of those, whose minds remain forever attuned to the True Word of the Shabad.	ਉਹਨਾਂ ਦਾ ਮਨ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਵਿਚ ਰੰਗਿਆ ਰਹਿੰਦਾ ਹੈ, ਭਟਕਣਾ ਉਨ੍ਹਾਂ ਦੇ ਸਰੀਰ ਵਿਚੋਂ ਉੱਕਾ ਹੀ ਮਿੱਟ ਜਾਂਦੀ ਹੈ।
1426	34	ਨਿਰਮਲੁ ਸਾਹਿਬੁ ਪਾਇਆ ਸਾਚਾ ਗੁਣੀ ਗਹੀਰੁ॥੨॥	(ਗੁਣੀ ਗਹੀਰੁ) ਗੁਣਾਂ ਦੇ ਸਮੁੰਦ੍ਰ, ਪ੍ਰਮਾਤਮਾ ਜੀ	Niramal Saahib Paaeiaa Saachaa Gunee Geheer ||2||	The Immaculate Lord and Master is found. He is True; He is the Ocean of Excellence. ||2||	ਉਹ ਸਦਾ-ਥਿਰ ਰਹਿਣ ਵਾਲੇ ਗੁਣਾਂ ਦੇ ਖ਼ਜ਼ਾਨੇ ਪਵਿੱਤਰ ਸਰੂਪ ਮਾਲਕ-ਪ੍ਰਭੂ ਨੂੰ ਮਿਲ ਪੈਂਦੇ ਹਨ ॥੨॥

1427	34	ਜੋ ਜਾਗੇ ਸੇ ਉਬਰੇ ਸੂਤੇ ਗਏ ਮੁਹਾਇ॥	(ਮੁਹਾਇ) ਲੁੱਟੇ	Jo Jaagae Sae Oubarae Soothae Geae Muhaae ||	Those who remain awake and aware are saved, while those who sleep are plundered.	ਜੇਹੜੇ ਬੰਦੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੇ ਹਨ, ਉਹ (ਵਿਕਾਰਾਂ ਤੋਂ) ਬਚ ਜਾਂਦੇ ਹਨ। ਜੇਹੜੇ (ਮਾਇਆ ਦੇ ਮੋਹ ਦੀ) ਨੀਂਦ ਵਿਚ ਸੌਂ ਜਾਂਦੇ ਹਨ, ਉਹ ਆਤਮਕ ਜੀਵਨ ਦੀ ਰਾਸ-ਪੂੰਜੀ ਲੁਟਾ ਜਾਂਦੇ ਹਨ।
1428	34	ਸਚਾ ਸਬਦੁ ਨ ਪਛਾਣਿਓ ਸੁਪਨਾ ਗਇਆ ਵਿਹਾਇ॥	(ਵਿਹਾਇ) ਬਤੀਤ	Sachaa Sabadh N Pashhaaniou Supanaa Gaeiaa Vihaae ||	They do not recognize the True Word of the Shabad, and like a dream, their lives fade away.	ਉਹ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਦੀ ਸਾਰ ਨਹੀਂ ਜਾਣਦੇ, ਉਹਨਾਂ ਦੀ ਜ਼ਿੰਦਗੀ ਸੁਪਨੇ ਵਾਂਗ (ਵਿਅਰਥ) ਬੀਤ ਜਾਂਦੀ ਹੈ।
1429	34	ਸੁੰਞੇ ਘਰ ਕਾ ਪਾਹੁਣਾ ਜਿਉ ਆਇਆ ਤਿਉ ਜਾਇ॥	(ਸੁੰਞੇ) ਸੁੰਨਾ	Sunnjae Ghar Kaa Paahunaa Jio Aaeiaa Thio Jaae ||	Like guests in a deserted house, they leave just exactly as they have come.	ਉਹ ਜਗਤ ਤੋਂ ਤਿਵੇਂ ਹੀ ਖ਼ਾਲੀ-ਹੱਥ ਚਲੇ ਜਾਂਦੇ ਹਨ) ਜਿਵੇਂ ਕਿਸੇ ਸੁੰਞੇ ਘਰ ਵਿਚ ਕੋਈ ਪ੍ਰਾਹੁਣਾ ਆ ਕੇ ਚਲਾ ਜਾਂਦਾ ਹੈ।
1430	35	ਮਨਮੁਖ ਜਨਮੁ ਬਿਰਥਾ ਗਇਆ ਕਿਆ ਮੁਹੁ ਦੇਸੀ ਜਾਇ॥੩॥	(ਮੁਹੁ ਦੇਸੀ) ਮੂੰਹ ਦਿਖਾਵੇਂਗਾ। ਗ–ਇਆ	Manamukh Janam Birathhaa Gaeiaa Kiaa Muhu Dhaesee Jaae ||3||	The life of the self-willed manmukh passes uselessly. What face will he show when he passes beyond? ||3||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ ਜੀਵਨ ਵਿਅਰਥ ਬੀਤ ਜਾਂਦਾ ਹੈ। ਉਹ ਇਥੋਂ ਜਾ ਕੇ ਅਗਾਂਹ ਕੀਹ ਮੂੰਹ ਵਿਖਾਇਗਾ? (ਭਾਵ, ਪ੍ਰਭੂ ਦੀ ਹਾਜ਼ਰੀ ਵਿਚ ਸ਼ਰਮਿੰਦਾ ਹੀ ਹੋਵੇਗਾ) ॥੩॥

1431	35	ਸਭ ਕਿਛੁ ਆਪੇ ਆਪਿ ਹੈ ਹਉਮੈ ਵਿਚਿ ਕਹਨੁ ਨ ਜਾਇ॥		Sabh Kishh Aapae Aap Hai Houmai Vich Kehan N Jaae ||	God Himself is everything; those who are in their ego cannot even speak of this.	(ਜੀਵਾਂ ਦੇ ਭੀ ਕੀਹ ਵੱਸ?) ਪਰਮਾਤਮਾ ਆਪ ਹੀ ਆਪ ਸਭ ਕੁਝ ਕਰਨ ਦੇ ਸਮਰਥ ਹੈ, (ਉਂਞ) ਹਉਮੈ ਵਿਚ ਫਸਿਆਂ (ਇਹ ਸੱਚਾਈ) ਆਖੀ ਨਹੀਂ ਜਾ ਸਕਦੀ (ਭਾਵ, ਹਉਮੈ ਵਿਚ ਫਸੇ ਜੀਵ ਨੂੰ ਇਹ ਸਮਝ ਨਹੀਂ ਆਉਂਦੀ ਕਿ ਪਰਮਾਤਮਾ ਆਪ ਹੀ ਸਭ ਕੁਝ ਕਰਨ-ਜੋਗ ਹੈ)।
1432	35	ਗੁਰ ਕੈ ਸਬਦਿ ਪਛਾਣੀਐ ਦੁਖੁ ਹਉਮੈ ਵਿਚਹੁ ਗਵਾਇ॥		Gur Kai Sabadh Pashhaaneeai Dhukh Houmai Vichahu Gavaae ||	Through the Word of the Guru's Shabad, He is realized, and the pain of egotism is eradicated from within.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਆਪਣੇ ਅੰਦਰੋਂ ਹਉਮੈ ਦਾ ਦੁੱਖ ਦੂਰ ਕੀਤਿਆਂ ਇਹ ਸਮਝ ਆਉਂਦੀ ਹੈ।
1433	35	ਸਤਗੁਰੁ ਸੇਵਨਿ ਆਪਣਾ ਹਉ ਤਿਨ ਕੈ ਲਾਗਉ ਪਾਇ॥		Sathagur Saevan Aapanaa Ho Thin Kai Laago Paae ||	I fall at the feet of those who serve their True Guru.	ਜੇਹੜੇ ਮਨੁੱਖ ਆਪਣੇ ਗੁਰੂ ਦੀ ਸੇਵਾ ਕਰਦੇ ਹਨ (ਭਾਵ, ਗੁਰੂ ਦੇ ਦੱਸੇ ਰਾਹ ਤੇ ਤੁਰਦੇ ਹਨ), ਮੈਂ ਉਹਨਾਂ ਦੀ ਚਰਨੀਂ ਲੱਗਦਾ ਹਾਂ।

1434	35	ਨਾਨਕ ਦਰਿ ਸਚੈ ਸਚਿਆਰ ਹਹਿ ਹਉ ਤਿਨ ਬਲਿਹਾਰੈ ਜਾਉ॥੪॥੨੧॥੫੪॥		Naanak Dhar Sachai Sachiaar Hehi Ho Thin Balihaarai Jaao ||4||21||54||	O Nanak, I am a sacrifice to those who are found to be true in the True Court. ||4||21||54||	ਹੇ ਨਾਨਕ! (ਆਖ-) ਮੈਂ ਉਹਨਾਂ ਬੰਦਿਆਂ ਤੋਂ ਕੁਰਬਾਨ ਜਾਂਦਾ ਹਾਂ, ਜੇਹੜੇ ਸਦਾ-ਥਿਰ ਪ੍ਰਭੂ ਦੇ ਦਰ ਤੇ ਸੁਰਖ਼ਰੂ ਹੁੰਦੇ ਹਨ ॥੪॥੨੧॥੫੪॥{34-35}
1435	35	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1436	35	ਜੇ ਵੇਲਾ ਵਖਤੁ ਵੀਚਾਰੀਐ ਤਾ ਕਿਤੁ ਵੇਲਾ ਭਗਤਿ ਹੋਇ॥	ਵੇਲਾ: ਪੋਲਾ ਬੋਲੋ	Jae Vaelaa Vakhath Veechaareeai Thaa Kith Vaelaa Bhagath Hoe ||	Consider the time and the moment-when should we worship the Lord?	ਜੇ (ਭਗਤੀ ਕਰਨ ਵਾਸਤੇ) ਕੋਈ ਖ਼ਾਸ ਵੇਲਾ ਕੋਈ ਖ਼ਾਸ ਵਕਤ ਨਿਯਤ ਕਰਨਾ ਵਿਚਾਰਦੇ ਰਹੀਏ, ਤਾਂ ਕਿਸੇ ਵੇਲੇ ਭੀ ਭਗਤੀ ਨਹੀਂ ਹੋ ਸਕਦੀ।
1437	35	ਅਨ ਦਿਨੁ ਨਾਮੇ ਰਤਿਆ ਸਚੇ ਸਚੀ ਸੋਇ॥		Anadhin Naamae Rathiaa Sachae Sachee Soe ||	Night and day, one who is attuned to the Name of the True Lord is true.	ਹਰ ਵੇਲੇ ਹੀ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਰਿਹਾਂ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਈਦਾ ਹੈ ਤੇ ਸਦਾ-ਥਿਰ ਰਹਿਣ ਵਾਲੀ ਸੋਭਾ ਮਿਲਦੀ ਹੈ।

1438	35	ਇਕੁ ਤਿਲੁ ਪਿਆਰਾ ਵਿਸਰੈ ਭਗਤਿ ਕਿਨੇਹੀ ਹੋਇ॥	(ਕਿਨੇਹੀ) ਕੈਸੀ	Eik Thil Piaaraa Visarai Bhagath Kinaehee Hoe ||	If someone forgets the Beloved Lord, even for an instant, what sort of devotion is that?	ਉਹ ਕਾਹਦੀ ਭਗਤੀ ਹੋਈ, ਜੇ ਇਕ ਖਿਨ ਭਰ ਭੀ ਪਿਆਰਾ ਪਰਮਾਤਮਾ ਵਿੱਸਰ ਜਾਏ?
1439	35	ਮਨੁ ਤਨੁ ਸੀਤਲੁ ਸਾਚ ਸਿਉ ਸਾਸੁ ਨ ਬਿਰਥਾ ਕੋਇ॥੧॥		Man Than Seethal Saach Sio Saas N Birathhaa Koe ||1||	One whose mind and body are cooled and soothed by the True Lord-no breath of his is wasted. ||1||	ਜੇ ਇਕ ਸਾਹ ਭੀ ਪਰਮਾਤਮਾ ਦੀ ਯਾਦ ਤੋਂ ਖ਼ਾਲੀ ਨਾਹ ਜਾਏ, ਤਾਂ ਸਦਾ-ਥਿਰ ਪ੍ਰਭੂ ਦੇ ਨਾਲ ਜੁੜਿਆਂ ਮਨ ਸ਼ਾਂਤ ਹੋ ਜਾਂਦਾ ਹੈ, ਸਰੀਰ (ਭੀ) ਸ਼ਾਂਤ ਹੋ ਜਾਂਦਾ ਹੈ ॥੧॥
1440	35	ਮੇਰੇ ਮਨ ਹਰਿ ਕਾ ਨਾਮੁ ਧਿਆਇ॥		Maerae Man Har Kaa Naam Dhhiaae ||	O my mind, meditate on the Name of the Lord.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਸਿਮਰ।
1441	35	ਸਾਚੀ ਭਗਤਿ ਤਾ ਥੀਐ ਜਾ ਹਰਿ ਵਸੈ ਮਨਿ ਆਇ॥੧॥ਰਹਾਉ॥		Saachee Bhagath Thaa Thheeai Jaa Har Vasai Man Aae ||1|| Rehaao ||	True devotional worship is performed when the Lord comes to dwell in the mind. ||1||Pause||	ਸਦਾ-ਥਿਰ ਰਹਿਣ ਵਾਲੀ ਪ੍ਰਭੂ-ਭਗਤੀ ਤਦੋਂ ਹੀ ਹੋ ਸਕਦੀ ਹੈ, ਜਦੋਂ (ਸਿਮਰਨ ਦੀ ਬਰਕਤਿ ਨਾਲ) ਪਰਮਾਤਮਾ ਮਨੁੱਖ ਦੇ ਮਨ ਵਿਚ ਆ ਵੱਸੇ ॥੧॥ ਰਹਾਉ ॥
1442	35	ਸਹਜੇ ਖੇਤੀ ਰਾਹੀਐ ਸਚੁ ਨਾਮੁ ਬੀਜੁ ਪਾਇ॥	(ਰਾਹੀਐ) ਬੀਜੀਐ	Sehajae Khaethee Raaheeai Sach Naam Beej Paae ||	With intuitive ease, cultivate your farm, and plant the Seed of the True Name.	ਜੇ ਆਤਮਕ ਅਡੋਲਤਾ ਵਿਚ ਟਿਕ ਕੇ ਪ੍ਰਭੂ ਦਾ ਸਦਾ-ਥਿਰ ਨਾਮ-ਬੀ ਬੀਜ ਕੇ (ਆਤਮਕ ਜੀਵਨ ਦੀ) ਫ਼ਸਲ ਬੀਜੀਏ;

1443	35	ਖੇਤੀ ਜੰਮੀ ਅਗਲੀ ਮਨੂਆ ਰਜਾ ਸਹਜਿ ਸੁਭਾਇ॥	(ਅਗਲੀ) ਬਹੁਤੀ। ਰੱਜਾ	Khaethee Janmee Agalee Manooaa Rajaa Sehaj Subhaae ||	The seedlings have sprouted luxuriantly, and with intuitive ease, the mind is satisfied.	ਤਾਂ ਇਹ ਫ਼ਸਲ ਬਹੁਤ ਉੱਗਦੀ ਹੈ, ਇਹ ਫ਼ਸਲ ਬੀਜਣ ਵਾਲੇ ਮਨੁੱਖ ਦਾ ਮਨ ਆਤਮਕ ਅਡੋਲਤਾ ਤੇ ਪ੍ਰੇਮ ਵਿਚ ਜੁੜ ਕੇ (ਤ੍ਰਿਸ਼ਨਾ ਵਲੋਂ) ਰੱਜ ਜਾਂਦਾ ਹੈ।
1444	35	ਗੁਰ ਕਾ ਸਬਦੁ ਅੰਮ੍ਰਿਤੁ ਹੈ ਜਿਤੁ ਪੀਤੈ ਤਿਖ ਜਾਇ॥	ਤਿਖ: ਪੋਲਾ ਬੋਲੋ। (ਤਿਖ) ਪਿਆਸ	Gur Kaa Sabadh Anmrith Hai Jith Peethai Thikh Jaae ||	The Word of the Guru's Shabad is Ambrosial Nectar; drinking it in, thirst is quenched.	ਸਤਿਗੁਰੂ ਦਾ ਸ਼ਬਦ (ਐਸਾ) ਅੰਮ੍ਰਿਤ ਹੈ (ਆਤਮਕ ਜੀਵਨ ਦੇਣ ਵਾਲਾ ਜਲ ਹੈ) ਜਿਸ ਦੇ ਪੀਤਿਆਂ (ਮਾਇਆ ਦੀ) ਤ੍ਰਿਸ਼ਨਾ ਦੂਰ ਹੋ ਜਾਂਦੀ ਹੈ।
1445	35	ਇਹੁ ਮਨੁ ਸਾਚਾ ਸਚਿ ਰਤਾ ਸਚੇ ਰਹਿਆ ਸਮਾਇ॥੨॥		Eihu Man Saachaa Sach Rathaa Sachae Rehiaa Samaae ||2||	This true mind is attuned to Truth, and it remains permeated with the True One. ||2||	(ਨਾਮ-ਅੰਮ੍ਰਿਤ ਪੀਣ ਵਾਲੇ ਮਨੁੱਖ ਦਾ) ਇਹ ਮਨ ਅਡੋਲ ਹੋ ਜਾਂਦਾ ਹੈ ਸਦਾ-ਥਿਰ ਪ੍ਰਭੂ ਵਿਚ ਰੰਗਿਆ ਜਾਂਦਾ ਹੈ, ਤੇ ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਹੀ ਲੀਨ ਰਹਿੰਦਾ ਹੈ ॥੨॥
1446	35	ਆਖਣੁ ਵੇਖਣੁ ਬੋਲਣਾ ਸਬਦੇ ਰਹਿਆ ਸਮਾਇ॥		Aakhan Vaekhan Bolanaa Sabadhae Rehiaa Samaae ||	In speaking, in seeing and in words, remain immersed in the Shabad.	ਜਿਨ੍ਹਾਂ ਮਨੁੱਖਾਂ ਦਾ ਆਖਣਾ ਵੇਖਣਾ ਬੋਲਣਾ (ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੇ ਸ਼ਬਦ ਵਿਚ ਹੀ ਲੀਨ ਰਹਿੰਦਾ ਹੈ (ਭਾਵ, ਜੇਹੜੇ ਬੰਦੇ ਸਦਾ ਸਿਫ਼ਤ-ਸਾਲਾਹ ਵਿਚ ਹੀ ਮਗਨ ਰਹਿੰਦੇ ਹਨ) ਤੇ ਹਰ ਪਾਸੇ ਪਰਮਾਤਮਾ ਨੂੰ ਹੀ (ਵੇਖਦੇ ਹਨ),

1447	35	ਬਾਣੀ ਵਜੀ ਚਹੁ ਜੁਗੀ ਸਚੋ ਸਚੁ ਸੁਣਾਇ॥	(ਵੱਜੀ) ਪ੍ਰਗਟ ਹੋਈ। ਜੁੱਗੀਂ	Baanee Vajee Chahu Jugee Sacho Sach Sunaae ||	The Word of the Guru's Bani vibrates throughout the four ages. As Truth, it teaches Truth.	ਸਦਾ-ਥਿਰ ਪ੍ਰਭੂ ਦਾ ਨਾਮ ਹੀ (ਹੋਰਨਾਂ ਨੂੰ) ਸੁਣਾ ਸੁਣਾ ਕੇ ਉਹਨਾਂ ਦੀ ਸੋਭਾ (ਸਾਰੇ ਸੰਸਾਰ ਵਿਚ) ਸਦਾ ਲਈ ਕਾਇਮ ਹੋ ਜਾਂਦੀ ਹੈ।
1448	35	ਹਉਮੈ ਮੇਰਾ ਰਹਿ ਗਇਆ ਸਚੈ ਲਇਆ ਮਿਲਾਇ॥	ਗ–ਇਆ	Houmai Maeraa Rehi Gaeiaa Sachai Laeiaa Milaae ||	Egotism and possessiveness are eliminated, and the True One absorbs them into Himself.	ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਉਹਨਾਂ ਨੂੰ ਆਪਣੀ ਯਾਦ ਵਿਚ ਜੋੜੀ ਰੱਖਦਾ ਹੈ, ਇਸ ਵਾਸਤੇ ਉਹਨਾਂ ਦੀ ਹਉਮੈ ਮੁੱਕ ਜਾਂਦੀ ਹੈ ਉਹਨਾਂ ਦੀ ਅਪਣੱਤ ਦੂਰ ਹੋ ਜਾਂਦੀ ਹੈ।
1449	35	ਤਿਨ ਕਉ ਮਹਲੁ ਹਦੂਰਿ ਹੈ ਜੋ ਸਚਿ ਰਹੇ ਲਿਵ ਲਾਇ॥੩॥	ਮਹਾਰਾਜ ਦਾ (ਮਹਲੁ) ਸਰੂਪ (ਹਦੂਰਿ) ਸਨਮੁਖ	Thin Ko Mehal Hadhoor Hai Jo Sach Rehae Liv Laae ||3||	Those who remain lovingly absorbed in the True One see the Mansion of His Presence close at hand. ||3||	ਜੇਹੜੇ ਬੰਦੇ ਸਦਾ-ਥਿਰ ਪ੍ਰਭੂ ਵਿਚ ਲਿਵ ਲਾਈ ਰੱਖਦੇ ਹਨ, ਉਹਨਾਂ ਨੂੰ ਪ੍ਰਭੂ ਦੀ ਹਜ਼ੂਰੀ ਵਿਚ ਥਾਂ ਮਿਲਦੀ ਹੈ ॥੩॥
1450	35	ਨਦਰੀ ਨਾਮੁ ਧਿਆਈਐ ਵਿਣੁ ਕਰਮਾ ਪਾਇਆ ਨ ਜਾਇ॥	(ਨਦਰੀ) ਕ੍ਰਿਪਾ	Nadharee Naam Dhhiaaeeai Vin Karamaa Paaeiaa N Jaae ||	By His Grace, we meditate on the Naam, the Name of the Lord. Without His Mercy, it cannot be obtained.	ਪਰਮਾਤਮਾ ਦੀ ਮਿਹਰ ਦੀ ਨਜ਼ਰ ਨਾਲ ਹੀ ਪਰਮਾਤਮਾ ਦਾ ਨਾਮ ਸਿਮਰਿਆ ਜਾ ਸਕਦਾ ਹੈ, ਪਰਮਾਤਮਾ ਦੀ ਮਿਹਰ ਤੋਂ ਬਿਨਾ ਉਹ ਮਿਲ ਨਹੀਂ ਸਕਦਾ।

1451	35	ਪੂਰੈ ਭਾਗਿ ਸਤਸੰਗਤਿ ਲਹੈ ਸਤਗੁਰੁ ਭੇਟੈ ਜਿਸੁ ਆਇ॥		Poorai Bhaag Sathasangath Lehai Sathagur Bhaettai Jis Aae ||	Through perfect good destiny, one finds the Sat Sangat, the True Congregation, and one comes to meet the True Guru.	ਜਿਸ ਮਨੁੱਖ ਨੂੰ ਵੱਡੀ ਕਿਸਮਤ ਨਾਲ ਸਾਧ ਸੰਗਤਿ ਮਿਲ ਜਾਂਦੀ ਹੈ, ਜਿਸ ਨੂੰ ਗੁਰੂ ਆ ਕੇ ਮਿਲ ਪੈਂਦਾ ਹੈ,
1452	35	ਅਨ ਦਿਨੁ ਨਾਮੇ ਰਤਿਆ ਦੁਖੁ ਬਿਖਿਆ ਵਿਚਹੁ ਜਾਇ॥		Anadhin Naamae Rathiaa Dhukh Bikhiaa Vichahu Jaae ||	Night and day, remain attuned to the Naam, and the pain of corruption shall be dispelled from within.	(ਇਸ ਦੀ ਬਰਕਤਿ ਨਾਲ) ਹਰ ਵੇਲੇ ਪ੍ਰਭੂ ਦੇ ਨਾਮ (-ਰੰਗ) ਵਿਚ ਰੰਗੇ ਰਹਿਣ ਕਰਕੇ ਉਸ ਮਨੁੱਖ ਦੇ ਅੰਦਰੋਂ ਮਾਇਆ (ਦੇ ਮੋਹ) ਦਾ ਦੁੱਖ ਦੂਰ ਹੋ ਜਾਂਦਾ ਹੈ।
1453	35	ਨਾਨਕ ਸਬਦਿ ਮਿਲਾਵੜਾ ਨਾਮੇ ਨਾਮਿ ਸਮਾਇ॥੪॥੨੨॥੫੫॥		Naanak Sabadh Milaavarraa Naamae Naam Samaae ||4||22||55||	O Nanak, merging with the Shabad through the Name, one is immersed in the Name. ||4||22||55||	ਹੇ ਨਾਨਕ! ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਨਾਲ) ਮਿਲਾਪ ਹੁੰਦਾ ਹੈ (ਜਿਸ ਮਨੁੱਖ ਨੂੰ ਗੁਰੂ ਦਾ ਸ਼ਬਦ ਪ੍ਰਾਪਤ ਹੋ ਜਾਂਦਾ ਹੈ ਉਹ) ਪਰਮਾਤਮਾ ਦੇ ਨਾਮ ਵਿਚ ਹੀ ਲੀਨ ਰਹਿੰਦਾ ਹੈ ॥੪॥੨੨॥੫੫॥
1454	35	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1455	35	ਆਪਣਾ ਭਉ ਤਿਨ ਪਾਇਓਨੁ ਜਿਨ ਗੁਰ ਕਾ ਸਬਦੁ ਬੀਚਾਰਿ॥		Aapanaa Bho Thin Paaeioun Jin Gur Kaa Sabadh Beechaar ||	Those who contemplate the Word of the Guru's Shabad are filled with the Fear of God.	ਉਸ ਪਰਮਾਤਮਾ ਨੇ ਆਪਣਾ ਡਰ-ਅਦਬ ਉਹਨਾਂ ਬੰਦਿਆਂ ਦੇ ਹਿਰਦੇ ਵਿਚ ਪਾ ਦਿੱਤਾ ਹੈ, ਜਿਨ੍ਹਾਂ ਨੇ ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਇਆ ਹੈ।

1456	35	ਸਤਸੰਗਤੀ ਸਦਾ ਮਿਲਿ ਰਹੇ ਸਚੇ ਕੇ ਗੁਣ ਸਾਰਿ॥	ਸਤਸੰਗਤੀਂ	Sathasangathee Sadhaa Mil Rehae Sachae Kae Gun Saar ||	They remain forever merged with the Sat Sangat, the True Congregation; they dwell upon the Glories of the True One.	ਉਹ ਬੰਦੇ ਸਦਾ-ਥਿਰ ਪ੍ਰਭੂ ਦੇ ਗੁਣ (ਆਪਣੇ ਹਿਰਦੇ ਵਿਚ) ਸਾਂਭ ਕੇ ਸਦਾ ਸਾਧ ਸੰਗਤਿ ਵਿਚ ਮਿਲੇ ਰਹਿੰਦੇ ਹਨ।
1457	35	ਦੁਬਿਧਾ ਮੈਲੁ ਚੁਕਾਈਅਨੁ ਹਰਿ ਰਾਖਿਆ ਉਰ ਧਾਰਿ॥		Dhubidhhaa Mail Chukaaeean Har Raakhiaa Our Dhhaar ||	They cast off the filth of their mental duality, and they keep the Lord enshrined in their hearts.	ਉਸ (ਪਰਮਾਤਮਾ) ਨੇ ਆਪ ਉਹਨਾਂ ਬੰਦਿਆਂ ਦੀ ਦੁਬਿਧਾ ਦੀ ਮੈਲ ਦੂਰ ਕਰ ਦਿੱਤੀ ਹੈ, ਉਹ ਬੰਦੇ ਪਰਮਾਤਮਾ (ਦੇ ਨਾਮ) ਨੂੰ ਆਪਣੇ ਹਿਰਦੇ ਵਿਚ ਟਿਕਾ ਰੱਖਦੇ ਹਨ।
1458	35	ਸਚੀ ਬਾਣੀ ਸਚੁ ਮਨਿ ਸਚੇ ਨਾਲਿ ਪਿਆਰੁ॥੧॥		Sachee Baanee Sach Man Sachae Naal Piaar ||1||	True is their speech, and true are their minds. They are in love with the True One. ||1||	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਉਹਨਾਂ ਦੇ ਮਨ ਵਿਚ ਵੱਸਦੀ ਹੈ, ਸਦਾ-ਥਿਰ ਪ੍ਰਭੂ (ਆਪ) ਉਹਨਾਂ ਦੇ ਮਨ ਵਿਚ ਵੱਸਦਾ ਹੈ, ਉਹਨਾਂ ਬੰਦਿਆਂ ਦਾ ਸਦਾ-ਥਿਰ ਪ੍ਰਭੂ ਨਾਲ ਪਿਆਰ ਹੋ ਜਾਂਦਾ ਹੈ ॥੧॥
1459	35	ਮਨ ਮੇਰੇ ਹਉਮੈ ਮੈਲੁ ਭਰਨਾਲਿ॥	(ਭਰਨਾਲਿ) ਸਮੁੰਦ੍ਰ। (ਦੂਜਾ ਪਾਠ: ਭਰ ਨਾਲਿ)	Man Maerae Houmai Mail Bhar Naal ||	O my mind, you are filled with the filth of egotism.	ਹੇ ਮੇਰੇ ਮਨ! ਸੰਸਾਰ-ਸਮੁੰਦਰ ਵਿਚ ਹਉਮੈ ਦੀ ਮੈਲ (ਪ੍ਰਬਲ) ਹੈ।

1460	35	ਹਰਿ ਨਿਰਮਲੁ ਸਦਾ ਸੋਹਣਾ ਸਬਦਿ ਸਵਾਰਣਹਾਰੁ॥੧॥ਰਹਾਉ॥		Har Niramal Sadhaa Sohanaa Sabadh Savaaranehaar ||1|| Rehaao ||	The Immaculate Lord is eternally Beautiful. We are adorned with the Word of the Shabad. ||1||Pause||	ਪਰਮਾਤਮਾ (ਇਸ) ਮੈਲ ਤੋਂ ਬਿਨਾ ਹੈ ਤੇ (ਇਸ ਵਾਸਤੇ) ਸਦਾ ਸੋਹਣਾ ਹੈ। (ਉਹ ਨਿਰਮਲ ਪਰਮਾਤਮਾ ਜੀਵਾਂ ਨੂੰ ਗੁਰੂ ਦੇ) ਸ਼ਬਦ ਵਿਚ ਜੋੜ ਕੇ ਸੋਹਣਾ ਬਣਾਣ ਦੇ ਸਮਰੱਥ ਹੈ (ਹੇ ਮਨ! ਤੂੰ ਭੀ ਗੁਰੂ ਦੇ ਸ਼ਬਦ ਵਿਚ ਜੁੜ) ॥੧॥ ਰਹਾਉ ॥
1461	35	ਸਚੈ ਸਬਦਿ ਮਨੁ ਮੋਹਿਆ ਪ੍ਰਭਿ ਆਪੇ ਲਏ ਮਿਲਾਇ॥		Sachai Sabadh Man Mohiaa Prabh Aapae Leae Milaae ||	God joins to Himself those whose minds are fascinated with the True Word of His Shabad.	ਜਿਨ੍ਹਾਂ ਮਨੁੱਖਾਂ ਦਾ ਮਨ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਮਸਤ ਰਹਿੰਦਾ ਹੈ, ਉਹਨਾਂ ਨੂੰ ਸਦਾ-ਥਿਰ ਪ੍ਰਭੂ ਨੇ ਆਪ ਹੀ (ਆਪਣੇ ਚਰਨਾਂ ਵਿਚ) ਜੋੜ ਲਿਆ ਹੈ।
1462	35	ਅਨ ਦਿਨੁ ਨਾਮੇ ਰਤਿਆ ਜੋਤੀ ਜੋਤਿ ਸਮਾਇ॥		Anadhin Naamae Rathiaa Jothee Joth Samaae ||	Night and day, they are attuned to the Naam, and their light is absorbed into the Light.	ਹਰ ਵੇਲੇ ਪ੍ਰਭੂ ਦੇ ਨਾਮ ਵਿਚ ਹੀ ਰੰਗੇ ਰਹਿਣ ਕਰ ਕੇ ਉਹਨਾਂ ਦੀ ਜੋਤਿ ਪ੍ਰਭੂ ਦੀ ਜੋਤਿ ਵਿਚ ਲੀਨ ਰਹਿੰਦੀ ਹੈ।
1463	35	ਜੋਤੀ ਹੂ ਪ੍ਰਭੁ ਜਾਪਦਾ ਬਿਨੁ ਸਤਗੁਰ ਬੂਝ ਨ ਪਾਇ॥		Jothee Hoo Prabh Jaapadhaa Bin Sathagur Boojh N Paae ||	Through His Light, God is revealed. Without the True Guru, understanding is not obtained.	ਪਰਮਾਤਮਾ ਉਸ ਅੰਦਰਲੀ ਜੋਤਿ ਦੀ ਰਾਹੀਂ ਹੀ ਦਿੱਸਦਾ ਹੈ, ਪਰ ਗੁਰੂ ਤੋਂ ਬਿਨਾ ਉਸ ਜੋਤਿ (ਚਾਨਣ) ਦੀ ਸਮਝ ਨਹੀਂ ਪੈਂਦੀ।

1464	35	ਜਿਨ ਕਉ ਪੂਰਬਿ ਲਿਖਿਆ ਸਤਗੁਰੁ ਭੇਟਿਆ ਤਿਨ ਆਇ॥੨॥		Jin Ko Poorab Likhiaa Sathagur Bhaettiaa Thin Aae ||2||	The True Guru comes to meet those who have such pre-ordained destiny. ||2||	(ਤੇ) ਗੁਰੂ ਉਹਨਾਂ ਬੰਦਿਆਂ ਨੂੰ ਆ ਕੇ ਮਿਲਦਾ ਹੈ ਜਿਨ੍ਹਾਂ ਦੇ ਭਾਗਾਂ ਵਿਚ ਧੁਰੋਂ (ਪ੍ਰਭੂ ਦੀ ਦਰਗਾਹ ਤੋਂ) ਲੇਖ ਲਿਖਿਆ ਹੋਵੇ ॥੨॥
1465	35	ਵਿਣੁ ਨਾਵੈ ਸਭ ਡੁਮਣੀ ਦੂਜੈ ਭਾਇ ਖੁਆਇ॥	(ਡੁਮਣੀ) ਦੁਖੀ। (ਖੁਆਇ) ਭਟਕਦੇ	Vin Naavai Sabh Ddumanee Dhoojai Bhaae Khuaae ||	Without the Name, all are miserable. In the love of duality, they are ruined.	ਸਾਰੀ ਹੀ ਲੁਕਾਈ ਪਰਮਾਤਮਾ ਦੇ ਨਾਮ ਤੋਂ ਬਿਨਾ ਦੁਬਿਧਾ ਵਿਚ ਫਸੀ ਰਹਿੰਦੀ ਹੈ, ਤੇ ਮਾਇਆ ਦੇ ਪਿਆਰ ਵਿਚ (ਪੈ ਕੇ ਸਹੀ ਜੀਵਨ-ਰਾਹ ਤੋਂ) ਖੁੰਝ ਜਾਂਦੀ ਹੈ।
1466	35	ਤਿਸੁ ਬਿਨੁ ਘੜੀ ਨ ਜੀਵਦੀ ਦੁਖੀ ਰੈਣਿ ਵਿਹਾਇ॥	ਜਿੰਦਗੀ ਰੂਪੀ (ਰੈਣਿ) ਰਾਤ।(ਵਿਹਾਇ) ਬਤੀਤ ਕਰਨਾ	This Bin Gharree N Jeevadhee Dhukhee Rain Vihaae ||	Without Him, I cannot survive even for an instant, and my life-night passes in anguish.	ਉਸ (ਪ੍ਰਭੂ-ਨਾਮ) ਤੋਂ ਬਿਨਾ ਇਕ ਘੜੀ ਭਰ ਭੀ ਆਤਮਕ ਜੀਵਨ ਨਹੀਂ ਮਾਣ ਸਕਦੀ, ਦੁੱਖਾਂ ਵਿਚ ਹੀ ਜ਼ਿੰਦਗੀ ਦੀ ਰਾਤ ਬੀਤ ਜਾਂਦੀ ਹੈ।
1467	35	ਭਰਮਿ ਭੁਲਾਣਾ ਅੰਧੁਲਾ ਫਿਰਿ ਫਿਰਿ ਆਵੈ ਜਾਇ॥		Bharam Bhulaanaa Andhhulaa Fir Fir Aavai Jaae ||	Wandering in doubt, the spiritually blind come and go in reincarnation, over and over again.	ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਜੀਵ ਭਟਕਣਾ ਵਿਚ ਪੈ ਕੇ ਜੀਵਨ-ਰਾਹ ਤੋਂ ਖੁੰਝ ਜਾਂਦਾ ਹੈ, ਤੇ ਮੁੜ ਮੁੜ ਜੰਮਦਾ ਰਹਿੰਦਾ ਹੈ।
1468	35	ਨਦਰਿ ਕਰੇ ਪ੍ਰਭੁ ਆਪਣੀ ਆਪੇ ਲਏ ਮਿਲਾਇ॥੩॥		Nadhar Karae Prabh Aapanee Aapae Leae Milaae ||3||	When God Himself bestows His Glance of Grace, He blends us into Himself. ||3||	ਜਦੋਂ ਪ੍ਰਭੂ ਮਿਹਰ ਦੀ ਨਿਗਾਹ ਕਰਦਾ ਹੈ, ਤਦੋਂ ਆਪ ਹੀ (ਉਸ ਨੂੰ ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ ॥੩॥

1469	36	ਸਭੁ ਕਿਛੁ ਸੁਣਦਾ ਵੇਖਦਾ ਕਿਉ ਮੁਕਰਿ ਪਇਆ ਜਾਇ॥	ਮੁੱਕਰਿ। ਪ-ਇਆ: ਪੱਪੇ ਸਿਹਾਰੀ ਨਹੀਂ ਮੁਕਤਾ ਬੋਲੋ, ਪਿਆ ਨਾ ਬੋਲੋ	Sabh Kishh Sunadhaa Vaekhadhaa Kio Mukar Paeiaa Jaae ||	He hears and sees everything. How can anyone deny Him?	(ਅਸੀਂ ਜੀਵ ਜੋ ਕੁਝ ਕਰਦੇ ਹਾਂ ਜਾਂ ਬੋਲਦੇ ਚਿਤਵਦੇ ਹਾਂ) ਉਹ ਸਭ ਕੁਝ ਪਰਮਾਤਮਾ ਵੇਖਦਾ ਸੁਣਦਾ ਹੈ (ਇਸ ਵਾਸਤੇ ਉਸ ਦੀ ਹਜ਼ੂਰੀ ਵਿਚ ਆਪਣੇ ਕੀਤੇ ਤੇ ਚਿਤਵੇ ਮੰਦ ਕਰਮਾਂ ਤੋਂ) ਮੁੱਕਰਿਆ ਨਹੀਂ ਜਾ ਸਕਦਾ।
1470	36	ਪਾਪੋ ਪਾਪੁ ਕਮਾਵਦੇ ਪਾਪੇ ਪਚਹਿ ਪਚਾਇ॥	ਪਚਹਿ: ਪੋਲਾ ਬੋਲੋ। (ਪਚਹਿ) ਸੜਦੇ, ਦੂਸਰਿਆਂ ਨੂੰ (ਪਚਾਇ) ਸਾੜਦੇ ਹਨ।	Paapo Paap Kamaavadhae Paapae Pachehi Pachaae ||	Those who sin again and again, shall rot and die in sin.	(ਤਾਹੀਏਂ) ਜੇਹੜੇ ਬੰਦੇ (ਸਾਰੀ ਉਮਰ) ਪਾਪ ਹੀ ਪਾਪ ਕਮਾਂਦੇ ਰਹਿੰਦੇ ਹਨ, ਉਹ (ਸਦਾ) ਪਾਪ ਵਿਚ ਸੜਦੇ ਭੁੱਜਦੇ ਰਹਿੰਦੇ ਹਨ।
1471	36	ਸੋ ਪ੍ਰਭੁ ਨਦਰਿ ਨ ਆਵਈ ਮਨਮੁਖਿ ਬੂਝ ਨ ਪਾਇ॥		So Prabh Nadhar N Aavee Manamukh Boojh N Paae ||	God's Glance of Grace does not come to them; those self-willed manmukhs do not obtain understanding.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੂੰ (ਇਹ) ਸਮਝ ਨਹੀਂ ਪੈਂਦੀ, ਉਸ ਨੂੰ ਉਹ (ਸਭ ਕੁਝ ਵੇਖਣ ਸੁਣਨ ਵਾਲਾ) ਪਰਮਾਤਮਾ ਨਜ਼ਰ ਨਹੀਂ ਆਉਂਦਾ।
1472	36	ਜਿਸੁ ਵੇਖਾਲੇ ਸੋਈ ਵੇਖੈ ਨਾਨਕ ਗੁਰਮੁਖਿ ਪਾਇ॥੪॥੨੩॥੫੬॥		Jis Vaekhaalae Soee Vaekhai Naanak Guramukh Paae ||4||23||56||	They alone see the Lord, unto whom He reveals Himself. O Nanak, the Gurmukhs find Him. ||4||23||56||	(ਪਰ ਕਿਸੇ ਜੀਵ ਦੇ ਭੀ ਕੀ ਵੱਸ?) ਹੇ ਨਾਨਕ! ਜਿਸ ਮਨੁੱਖ ਨੂੰ ਪਰਮਾਤਮਾ ਆਪਣਾ ਆਪ ਵਿਖਾਂਦਾ ਹੈ, ਉਹੀ (ਉਸ ਨੂੰ) ਵੇਖ ਸਕਦਾ ਹੈ, ਉਸੇ ਮਨੁੱਖ ਨੂੰ ਗੁਰੂ ਦੀ ਸਰਨ ਪੈ ਕੇ ਇਹ ਸਮਝ ਪੈਂਦੀ ਹੈ ॥੪॥੨੩॥੫੬॥{35-36}

1473	36	ਸ੍ਰੀਰਾਗੁ ਮਹਲਾ ੩॥		Sreeraag Mehalaa 3 ||	Siree Raag, Third Mehl:	
1474	36	ਬਿਨੁ ਗੁਰ ਰੋਗੁ ਨ ਤੁਟਈ ਹਉਮੈ ਪੀੜ ਨ ਜਾਇ॥		Bin Gur Rog N Thuttee Houmai Peerr N Jaae ||	Without the Guru, the disease is not cured, and the pain of egotism is not removed.	ਗੁਰੂ (ਦੀ ਸਰਨ) ਤੋਂ ਬਿਨਾ (ਜਨਮ ਮਰਨ ਦਾ) ਰੋਗ ਦੂਰ ਨਹੀਂ ਹੁੰਦਾ, ਹਉਮੈ ਦੀ ਦਰਦ ਨਹੀਂ ਜਾਂਦੀ।
1475	36	ਗੁਰ ਪਰਸਾਦੀ ਮਨਿ ਵਸੈ ਨਾਮੇ ਰਹੈ ਸਮਾਇ॥		Gur Parasaadhee Man Vasai Naamae Rehai Samaae ||	By Guru's Grace, He dwells in the mind, and one remains immersed in His Name.	ਗੁਰੂ ਦੀ ਕਿਰਪਾ ਨਾਲ (ਜਿਸ ਮਨੁੱਖ ਦੇ) ਮਨ ਵਿਚ (ਪਰਮਾਤਮਾ ਦਾ ਨਾਮ) ਵੱਸ ਪੈਂਦਾ ਹੈ ਉਹ ਨਾਮ ਵਿਚ ਹੀ ਟਿਕਿਆ ਰਹਿੰਦਾ ਹੈ।
1476	36	ਗੁਰ ਸਬਦੀ ਹਰਿ ਪਾਈਐ ਬਿਨੁ ਸਬਦੈ ਭਰਮਿ ਭੁਲਾਇ॥੧॥		Gur Sabadhee Har Paaeeai Bin Sabadhai Bharam Bhulaae ||1||	Through the Word of the Guru's Shabad, the Lord is found; without the Shabad, people wander, deceived by doubt. ||1||	ਗੁਰੂ ਦੇ ਸ਼ਬਦ ਵਿਚ ਜੁੜਿਆਂ ਹੀ ਪਰਮਾਤਮਾ ਮਿਲਦਾ ਹੈ, ਗੁਰ-ਸ਼ਬਦ ਤੋਂ ਬਿਨਾ ਮਨੁੱਖ ਭਟਕਣਾ ਵਿਚ ਪੈ ਕੇ (ਸਹੀ ਜੀਵਨ-ਰਾਹ ਤੋਂ) ਖੁੰਝ ਜਾਂਦਾ ਹੈ ॥੧॥
1477	36	ਮਨ ਰੇ ਨਿਜ ਘਰਿ ਵਾਸਾ ਹੋਇ॥		Man Rae Nij Ghar Vaasaa Hoe ||	O mind, dwell in the balanced state of your own inner being.	ਹੇ (ਮੇਰੇ) ਮਨ! ਅੰਤਰ ਆਤਮੇ ਪ੍ਰਭੂ-ਚਰਨਾਂ ਵਿਚ ਤੇਰਾ ਨਿਵਾਸ ਬਣਿਆ ਰਹੇ,

1478	36	ਰਾਮ ਨਾਮੁ ਸਾਲਾਹਿ ਤੂ ਫਿਰਿ ਆਵਣੁ ਜਾਣੁ ਨ ਹੋਇ॥੧॥ਰਹਾਉ॥		Raam Naam Saalaahi Thoo Fir Aavan Jaan N Hoe ||1|| Rehaao ||	Praise the Lord's Name, and you shall no longer come and go in reincarnation. ||1||Pause||	ਤੂੰ ਪਰਮਾਤਮਾ ਦੇ ਨਾਮ ਦੀ ਸਿਫ਼ਤ-ਸਾਲਾਹ ਕਰਦਾ ਰਹੁ, ਤਾਂ ਮੁੜ ਜਨਮ ਮਰਨ (ਦਾ ਗੇੜ) ਨਹੀਂ ਹੋਵੇਗਾ ॥੧॥ ਰਹਾਉ ॥
1479	36	ਹਰਿ ਇਕੋ ਦਾਤਾ ਵਰਤਦਾ ਦੂਜਾ ਅਵਰੁ ਨ ਕੋਇ॥		Har Eiko Dhaathaa Varathadhaa Dhoojaa Avar N Koe ||	The One Lord alone is the Giver, pervading everywhere. There is no other at all.	ਸਭ ਦਾਤਾਂ ਦੇਣ ਵਾਲਾ ਸਿਰਫ਼ ਪਰਮਾਤਮਾ ਹੀ ਸਾਰੀ ਸਮਰੱਥਾ ਵਾਲਾ ਹੈ, ਉਸ ਵਰਗਾ ਕੋਈ ਹੋਰ ਨਹੀਂ ਹੈ।
1480	36	ਸਬਦਿ ਸਾਲਾਹੀ ਮਨਿ ਵਸੈ ਸਹਜੇ ਹੀ ਸੁਖੁ ਹੋਇ॥		Sabadh Saalaahee Man Vasai Sehajae Hee Sukh Hoe ||	Praise the Word of the Shabad, and He shall come to dwell in your mind; you shall be blessed with intuitive peace and poise.	ਜੇ ਮੈਂ ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦੀ ਸਿਫ਼ਤ-ਸਾਲਾਹ ਕਰਾਂ, ਤਾਂ ਉਹ ਮਨ ਵਿਚ ਆ ਵੱਸਦਾ ਹੈ, ਤੇ ਸੁਖੈਨ ਹੀ ਆਤਮਕ ਆਨੰਦ ਬਣ ਜਾਂਦਾ ਹੈ।
1481	36	ਸਭ ਨਦਰੀ ਅੰਦਰਿ ਵੇਖਦਾ ਜੈ ਭਾਵੈ ਤੈ ਦੇਇ॥੨॥	(ਨਦਰੀ) ਦ੍ਰਿਸ਼ਟੀ	Sabh Nadharee Andhar Vaekhadhaa Jai Bhaavai Thai Dhaee ||2||	Everything is within the Lord's Glance of Grace. As He wishes, He gives. ||2||	ਉਹ ਦਾਤਾਰ ਹਰੀ ਸਾਰੀ ਸ੍ਰਿਸ਼ਟੀ ਨੂੰ ਆਪਣੀ ਮਿਹਰ ਦੀ ਨਿਗਾਹ ਨਾਲ ਵੇਖਦਾ ਹੈ। ਜਿਸ ਨੂੰ ਉਸ ਦੀ ਮਰਜ਼ੀ ਹੋਵੇ ਉਸ ਨੂੰ ਹੀ (ਇਹ ਆਤਮਕ ਆਨੰਦ) ਦੇਂਦਾ ਹੈ ॥੨॥

1482	36	ਹਉਮੈ ਸਭਾ ਗਣਤ ਹੈ ਗਣਤੈ ਨਉ ਸੁਖੁ ਨਾਹਿ॥	(ਗਣਤ) ਗਿਣਤੀ। ਸੱਭਾ	Houmai Sabhaa Ganath Hai Ganathai No Sukh Naahi ||	In egotism, all must account for their actions. In this accounting, there is no peace.	(ਜਿੱਥੇ) ਹਉਮੈ (ਹੈ ਉੱਥੇ) ਨਿਰੀ ਚਿੰਤਾ ਹੈ, ਚਿੰਤਾ ਨੂੰ ਸੁੱਖ ਨਹੀਂ ਹੋ ਸਕਦਾ।
1483	36	ਬਿਖੁ ਕੀ ਕਾਰ ਕਮਾਵਣੀ ਬਿਖੁ ਹੀ ਮਾਹਿ ਸਮਾਹਿ॥		Bikh Kee Kaar Kamaavanee Bikh Hee Maahi Samaahi ||	Acting in evil and corruption, people are immersed in corruption.	(ਹਉਮੈ ਦੇ ਅਧੀਨ ਰਹਿ ਕੇ ਆਤਮਕ ਮੌਤ ਲਿਆਉਣ ਵਾਲੀ ਵਿਕਾਰਾਂ ਦੀ) ਜ਼ਹਰ ਵਾਲੇ ਕੰਮ ਕੀਤਿਆਂ ਜੀਵ ਉਸ ਜ਼ਹਰ ਵਿਚ ਹੀ, ਮਗਨ ਰਹਿੰਦੇ ਹਨ।
1484	36	ਬਿਨੁ ਨਾਵੈ ਠਉਰੁ ਨ ਪਾਇਨੀ ਜਮਪੁਰਿ ਦੂਖ ਸਹਾਹਿ॥੩॥	(ਠਉਰੁ) ਟਿਕਾਣਾ। (ਸਹਾਹਿ) ਸਹਿੰਦੇ ਹਨ	Bin Naavai Thour N Paaeinee Jamapur Dhookh Sehaahi ||3||	Without the Name, they find no place of rest. In the City of Death, they suffer in agony. ||3||	ਪਰਮਾਤਮਾ ਦੇ ਨਾਮ ਤੋਂ ਬਿਨਾ ਉਹ ਸ਼ਾਂਤੀ ਵਾਲੀ ਥਾਂ ਪ੍ਰਾਪਤ ਨਹੀਂ ਕਰ ਸਕਦੇ, ਤੇ ਜਮ ਦੇ ਦਰ ਤੇ ਦੁੱਖ ਸਹਿੰਦੇ ਰਹਿੰਦੇ ਹਨ ॥੩॥
1485	36	ਜੀਉ ਪਿੰਡੁ ਸਭੁ ਤਿਸ ਦਾ ਤਿਸੈ ਦਾ ਆਧਾਰੁ॥	(ਆਧਾਰੁ) ਆਸਰਾ	Jeeo Pindd Sabh This Dhaa Thisai Dhaa Aadhhaar ||	Body and soul all belong to Him; He is the Support of all.	ਜਦੋਂ ਇਹ ਸਮਝ ਆ ਜਾਂਦੀ ਹੈ, ਕਿ ਇਹ ਜਿੰਦ ਤੇ ਇਹ ਸਰੀਰ ਸਭ ਕੁਝ ਉਸ ਪਰਮਾਤਮਾ ਦਾ ਹੀ ਹੈ ਤੇ ਪਰਮਾਤਮਾ ਦਾ ਹੀ (ਸਭ ਜੀਵਾਂ ਨੂੰ) ਆਸਰਾ-ਸਹਾਰਾ ਹੈ,
1486	36	ਗੁਰ ਪਰਸਾਦੀ ਬੁਝੀਐ ਤਾ ਪਾਏ ਮੋਖ ਦੁਆਰੁ॥		Gur Parasaadhee Bujheeai Thaa Paaeae Mokh Dhuaar ||	By Guru's Grace, understanding comes, and then the Door of Liberation is found.	ਤਦੋਂ ਜਦੋਂ ਗੁਰੂ ਦੀ ਕਿਰਪਾ ਨਾਲ ਜੀਵ ਵਿਕਾਰਾਂ ਤੋਂ ਖ਼ਲਾਸੀ ਦਾ ਰਾਹ ਲੱਭ ਲੈਂਦਾ ਹੈ।

1487	36	ਨਾਨਕ ਨਾਮੁ ਸਲਾਹਿ ਤੂੰ ਅੰਤੁ ਨ ਪਾਰਾਵਾਰੁ॥੪॥੨੪॥ ੫੭॥		Naanak Naam Salaahi Thoon Anth N Paaraavaar ||4||24||57||	O Nanak, sing the Praises of the Naam, the Name of the Lord; He has no end or limitation. ||4||24||57||	ਹੇ ਨਾਨਕ! ਉਸ ਪਰਮਾਤਮਾ ਦੇ ਨਾਮ ਦੀ ਸਿਫ਼ਤ-ਸਾਲਾਹ ਕਰਦਾ ਰਹੁ, ਜਿਸ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਜਿਸ ਦੀ ਸਮਰੱਥਾ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ ॥੪॥੨੪॥੫੭॥
1488	36	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1489	36	ਤਿਨਾ ਅਨੰਦੁ ਸਦਾ ਸੁਖੁ ਹੈ ਜਿਨਾ ਸਚੁ ਨਾਮੁ ਆਧਾਰੁ॥		Thinaa Anandh Sadhaa Sukh Hai Jinaa Sach Naam Aadhhaar ||	Those who have the Support of the True Name are in ecstasy and peace forever.	ਪਰਮਾਤਮਾ ਦਾ ਸਦਾ-ਥਿਰ ਨਾਮ ਜਿਨ੍ਹਾਂ ਮਨੁੱਖਾਂ (ਦੀ ਜ਼ਿੰਦਗੀ) ਦਾ ਆਸਰਾ ਬਣਦਾ ਹੈ, ਉਹਨਾਂ ਨੂੰ ਸਦਾ ਆਨੰਦ ਮਿਲਦਾ ਹੈ ਸਦਾ ਸੁੱਖ ਮਿਲਦਾ ਹੈ।
1490	36	ਗੁਰ ਸਬਦੀ ਸਚੁ ਪਾਇਆ ਦੂਖ ਨਿਵਾਰਣਹਾਰੁ॥	(ਨਿਵਾਰਣਹਾਰੁ) ਖਤਮ ਕਰਨ ਵਾਲੇ	Gur Sabadhee Sach Paaeiaa Dhookh Nivaaranehaar ||	Through the Word of the Guru's Shabad, they obtain the True One, the Destroyer of pain.	(ਕਿਉਂਕਿ) ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹਨਾਂ ਉਹ ਸਦਾ-ਥਿਰ ਪਰਮਾਤਮਾ ਪਾ ਲਿਆ ਹੁੰਦਾ ਹੈ ਜੋ ਸਾਰੇ ਦੁੱਖ ਦੂਰ ਕਰਨ ਦੀ ਸਮਰੱਥਾ ਰੱਖਦਾ ਹੈ।
1491	36	ਸਦਾ ਸਦਾ ਸਾਚੇ ਗੁਣ ਗਾਵਹਿ ਸਾਚੈ ਨਾਇ ਪਿਆਰੁ॥		Sadhaa Sadhaa Saachae Gun Gaavehi Saachai Naae Piaar ||	Forever and ever, they sing the Glorious Praises of the True One; they love the True Name.	ਉਹ ਮਨੁੱਖ ਸਦਾ ਹੀ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦੇ ਹਨ, ਉਹ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਪਿਆਰ ਪਾਈ ਰੱਖਦੇ ਹਨ।

1492	36	ਕਿਰਪਾ ਕਰਿ ਕੈ ਆਪਣੀ ਦਿਤੋਨੁ ਭਗਤਿ ਭੰਡਾਰੁ॥੧॥	(ਦਿਤੋਨੁ) ਦਿੱਤਾ	Kirapaa Kar Kai Aapanee Dhithon Bhagath Bhanddaar ||1||	When the Lord Himself grants His Grace, He bestows the treasure of devotion. ||1||	ਪਰਮਾਤਮਾ ਨੇ ਆਪਣੀ ਕਿਰਪਾ ਕਰ ਕੇ ਉਹਨਾਂ ਨੂੰ ਆਪਣੀ ਭਗਤੀ ਦਾ ਖ਼ਜ਼ਾਨਾ ਬਖ਼ਸ਼ ਦਿੱਤਾ ਹੈ ॥੧॥
1493	36	ਮਨ ਰੇ ਸਦਾ ਅਨੰਦੁ ਗੁਣ ਗਾਇ॥		Man Rae Sadhaa Anandh Gun Gaae ||	O mind, sing His Glorious Praises, and be in ecstasy forever.	ਹੇ (ਮੇਰੇ) ਮਨ! ਪਰਮਾਤਮਾ ਦੇ ਗੁਣ ਗਾਂਦਾ ਰਹੁ।
1494	36	ਸਚੀ ਬਾਣੀ ਹਰਿ ਪਾਈਐ ਹਰਿ ਸਿਉ ਰਹੈ ਸਮਾਇ॥੧॥ਰਹਾਉ॥		Sachee Baanee Har Paaeeai Har Sio Rehai Samaae ||1|| Rehaao ||	Through the True Word of His Bani, the Lord is obtained, and one remains immersed in the Lord. ||1||Pause||	(ਗੁਣ ਗਾਵਣ ਨਾਲ) ਸਦਾ ਖ਼ੁਸ਼ੀ ਬਣੀ ਰਹਿੰਦੀ ਹੈ। ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਜੁੜਿਆਂ ਪ੍ਰਭੂ ਮਿਲ ਪੈਂਦਾ ਹੈ। (ਜੇਹੜਾ ਜੀਵ ਸਿਫ਼ਤ-ਸਾਲਾਹ ਕਰਦਾ ਹੈ ਉਹ) ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦਾ ਹੈ ॥੧॥ ਰਹਾਉ ॥
1495	36	ਸਚੀ ਭਗਤੀ ਮਨੁ ਲਾਲੁ ਥੀਆ ਰਤਾ ਸਹਜਿ ਸੁਭਾਇ॥	ਰੱਤਾ	Sachee Bhagathee Man Laal Thheeaa Rathaa Sehaj Subhaae ||	In true devotion, the mind is dyed in the deep crimson color of the Lord's Love, with intuitive peace and poise.	ਸਦਾ-ਥਿਰ ਪ੍ਰਭੂ ਦੀ ਭਗਤੀ (ਦੇ ਰੰਗ) ਵਿਚ ਜਿਸ ਮਨੁੱਖ ਦਾ ਮਨ ਗੂੜਾ ਰੰਗਿਆ ਜਾਂਦਾ ਹੈ, ਉਹ ਆਤਮਕ ਅਡੋਲਤਾ ਵਿਚ ਪ੍ਰਭੂ-ਪ੍ਰੇਮ ਵਿਚ ਮਸਤ ਰਹਿੰਦਾ ਹੈ।

1496	36	ਗੁਰ ਸਬਦੀ ਮਨੁ ਮੋਹਿਆ ਕਹਣਾ ਕਛੂ ਨ ਜਾਇ॥		Gur Sabadhee Man Mohiaa Kehanaa Kashhoo N Jaae ||	The mind is fascinated by the Word of the Guru's Shabad, which cannot be described.	ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਦਾ ਮਨ (ਪ੍ਰਭੂ-ਚਰਨਾਂ ਵਿਚ ਅਜੇਹਾ) ਮਸਤ ਹੁੰਦਾ ਹੈ ਕਿ ਉਸ (ਮਸਤੀ) ਦਾ ਬਿਆਨ ਨਹੀਂ ਕੀਤਾ ਜਾ ਸਕਦਾ।
1497	36	ਜਿਹਵਾ ਰਤੀ ਸਬਦਿ ਸਚੈ ਅੰਮ੍ਰਿਤੁ ਪੀਵੈ ਰਸਿ ਗੁਣ ਗਾਇ॥	ਰੱਤੀ	Jihavaa Rathee Sabadh Sachai Anmrith Peevai Ras Gun Gaae ||	The tongue imbued with the True Word of the Shabad drinks in the Amrit with delight, singing His Glorious Praises.	ਉਸ ਦੀ ਜੀਭ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਰੰਗੀ ਜਾਂਦੀ ਹੈ, ਪ੍ਰੇਮ ਨਾਲ ਪ੍ਰਭੂ ਦੇ ਗੁਣ ਗਾ ਕੇ ਉਹ ਆਤਮਕ ਜੀਵਨ ਦੇਣ ਵਾਲਾ ਰਸ ਪੀਂਦਾ ਹੈ।
1498	36	ਗੁਰਮੁਖਿ ਏਹੁ ਰੰਗੁ ਪਾਈਐ ਜਿਸ ਨੋ ਕਿਰਪਾ ਕਰੇ ਰਜਾਇ॥੨॥		Guramukh Eaehu Rang Paaeeai Jis No Kirapaa Karae Rajaae ||2||	The Gurmukh obtains this love, when the Lord, in His Will, grants His Grace. ||2||	ਪਰ ਇਹ ਰੰਗ ਗੁਰੂ ਦੀ ਸਰਨ ਪਿਆਂ ਹੀ ਮਿਲਦਾ ਹੈ (ਉਹੀ ਮਨੁੱਖ ਪ੍ਰਾਪਤ ਕਰਦਾ ਹੈ) ਜਿਸ ਉਤੇ ਪ੍ਰਭੂ ਆਪਣੀ ਰਜ਼ਾ ਅਨੁਸਾਰ ਮਿਹਰ ਕਰਦਾ ਹੈ ॥੨॥
1499	36	ਸੰਸਾ ਇਹੁ ਸੰਸਾਰੁ ਹੈ ਸੁਤਿਆ ਰੈਣਿ ਵਿਹਾਇ॥	ਸੁੱਤਿਆਂ	Sansaa Eihu Sansaar Hai Suthiaa Rain Vihaae ||	This world is an illusion; people pass their life-nights sleeping.	ਜਗਤ (ਦਾ ਮੋਹ) ਤੌਖਲੇ ਦਾ ਮੂਲ ਹੈ, (ਮੋਹ ਦੀ ਨੀਂਦ ਵਿਚ) ਸੁਤਿਆਂ ਹੀ (ਜ਼ਿੰਦਗੀ-ਰੂਪ) ਰਾਤ ਬੀਤ ਜਾਂਦੀ ਹੈ।
1500	36	ਇਕਿ ਆਪਣੈ ਭਾਣੈ ਕਢਿ ਲਇਅਨੁ ਆਪੇ ਲਇਓਨੁ ਮਿਲਾਇ॥		Eik Aapanai Bhaanai Kadt Laeian Aapae Laeioun Milaae ||	By the Pleasure of His Will, He lifts some out, and unites them with Himself.	ਕਈ (ਭਾਗਾਂ ਵਾਲੇ) ਜੀਵਾਂ ਨੂੰ ਪਰਮਾਤਮਾ ਨੇ ਆਪਣੀ ਰਜ਼ਾ ਵਿਚ (ਜੋੜ ਕੇ ਇਸ ਮੋਹ ਵਿਚੋਂ) ਕੱਢ ਲਿਆ ਤੇ ਆਪ ਹੀ (ਆਪਣੇ ਚਰਨਾਂ ਵਿਚ) ਮਿਲਾ ਲਿਆ ਹੈ।

1501	36	ਆਪੇ ਹੀ ਆਪਿ ਮਨਿ ਵਸਿਆ ਮਾਇਆ ਮੋਹੁ ਚੁਕਾਇ॥		Aapae Hee Aap Man Vasiaa Maaeiaa Mohu Chukaae ||	He Himself abides in the mind, and drives out attachment to Maya.	ਆਪ ਹੀ (ਉਹਨਾਂ ਦੇ ਅੰਦਰੋਂ) ਮਾਇਆ ਦਾ ਮੋਹ ਦੂਰ ਕਰਕੇ ਆਪ ਹੀ ਉਹਨਾਂ ਦੇ ਮਨ ਵਿਚ ਆ ਵੱਸਿਆ ਹੈ।
1502	36	ਆਪਿ ਵਡਾਈ ਦਿਤੀਅਨੁ ਗੁਰਮੁਖਿ ਦੇਇ ਬੁਝਾਇ॥੩॥	ਦਿੱਤੀਅਨੁ, ਬੁੱਝਾਇ	Aap Vaddaaee Dhitheean Guramukh Dhaee Bujhaae ||3||	He Himself bestows glorious greatness; He inspires the Gurmukh to understand. ||3||	ਪ੍ਰਭੂ ਨੇ ਆਪ (ਹੀ) ਉਹਨਾਂ ਨੂੰ ਇੱਜ਼ਤ ਦਿੱਤੀ ਹੈ। (ਭਾਗਾਂ ਵਾਲਿਆਂ ਨੂੰ) ਪਰਮਾਤਮਾ ਗੁਰੂ ਦੀ ਸ਼ਰਨ ਪਾ ਕੇ (ਜੀਵਨ ਦਾ ਇਹ ਸਹੀ ਰਸਤਾ) ਸਮਝਾ ਦੇਂਦਾ ਹੈ ॥੩॥
1503	36	ਸਭਨਾ ਕਾ ਦਾਤਾ ਏਕੁ ਹੈ ਭੁਲਿਆ ਲਏ ਸਮਝਾਇ॥	ਭੁੱਲਿਆਂ	Sabhanaa Kaa Dhaathaa Eaek Hai Bhuliaa Leae Samajhaae ||	The One Lord is the Giver of all. He corrects those who make mistakes.	ਪਰਮਾਤਮਾ ਹੀ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ, ਜੀਵਨ-ਰਾਹ ਤੋਂ ਖੁੰਝਿਆਂ ਨੂੰ ਭੀ ਸੂਝ ਦੇਂਦਾ ਹੈ।
1504	36	ਇਕਿ ਆਪੇ ਆਪਿ ਖੁਆਇਅਨੁ ਦੂਜੈ ਛਡਿਅਨੁ ਲਾਇ॥	(ਖੁਆਇਅਨੁ) ਭੁਲਾਏ	Eik Aapae Aap Khuaaeian Dhoojai Shhaddian Laae ||	He Himself has deceived some, and attached them to duality.	ਕਈ ਜੀਵਾਂ ਨੂੰ ਉਸ ਪ੍ਰਭੂ ਨੇ ਆਪ ਹੀ ਆਪਣੇ ਨਾਲੋਂ ਖੁੰਝਾਇਆ ਹੋਇਆ ਹੈ, ਤੇ ਮਾਇਆ ਦੇ ਮੋਹ ਵਿਚ ਲਾ ਰੱਖਿਆ ਹੈ।
1505	36	ਗੁਰਮਤੀ ਹਰਿ ਪਾਈਐ ਜੋਤੀ ਜੋਤਿ ਮਿਲਾਇ॥	ਗੁਰਮੱਤੀ	Guramathee Har Paaeeai Jothee Joth Milaae ||	Through the Guru's Teachings, the Lord is found, and one's light merges into the Light.	ਗੁਰੂ ਦੀ ਮਤਿ ਤੇ ਤੁਰਿਆਂ ਪਰਮਾਤਮਾ ਮਿਲਦਾ ਹੈ, (ਗੁਰੂ ਦੀ ਮਤਿ ਤੇ ਤੁਰ ਕੇ ਜੀਵ) ਆਪਣੀ ਸੁਰਤ ਨੂੰ ਪਰਮਾਤਮਾ ਦੀ ਜੋਤਿ ਵਿਚ ਮਿਲਾਂਦਾ ਹੈ।

1506	36	ਅਨ ਦਿਨੁ ਨਾਮੇ ਰਤਿਆ ਨਾਨਕ ਨਾਮਿ ਸਮਾਇ॥੪॥੨੫॥੫੮॥		Anadhin Naamae Rathiaa Naanak Naam Samaae ||4||25||58||	Attuned to the Name of the Lord night and day, O Nanak, you shall be absorbed into the Name. ||4||25||58||	ਤੇ ਹੇ ਨਾਨਕ! ਹਰ ਵੇਲੇ ਨਾਮ ਵਿਚ ਰੰਗਿਆ ਰਹਿ ਕੇ ਨਾਮ ਵਿਚ ਹੀ ਲੀਨ ਰਹਿੰਦਾ ਹੈ ॥੪॥੨੫॥੫੮॥
1507	36	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1508	36	ਗੁਣਵੰਤੀ ਸਚੁ ਪਾਇਆ ਤ੍ਰਿਸਨਾ ਤਜਿ ਵਿਕਾਰ॥	(ਤਜਿ) ਛੱਡ ਕੇ	Gunavanthee Sach Paaeiaa Thrisanaa Thaj Vikaar ||	The virtuous obtain Truth; they give up their desires for evil and corruption.	(ਹਿਰਦੇ ਵਿਚ) ਗੁਣ ਧਾਰਨ ਕਰਨ ਵਾਲੀ ਜੀਵ-ਇਸਤ੍ਰੀ ਨੇ ਤ੍ਰਿਸ਼ਨਾ ਆਦਿ ਵਿਕਾਰ ਛੱਡ ਕੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਲੱਭ ਲਿਆ ਹੈ।
1509	36	ਗੁਰ ਸਬਦੀ ਮਨੁ ਰੰਗਿਆ ਰਸਨਾ ਪ੍ਰੇਮ ਪਿਆਰਿ॥		Gur Sabadhee Man Rangiaa Rasanaa Praem Piaar ||	Their minds are imbued with the Word of the Guru's Shabad; the Love of their Beloved is on their tongues.	ਉਸ ਦਾ ਮਨ ਗੁਰੂ ਦੇ ਸ਼ਬਦ ਵਿਚ ਰੰਗਿਆ ਗਿਆ ਹੈ, ਉਸ ਦੀ ਜੀਭ ਪ੍ਰਭੂ ਦੇ ਪ੍ਰੇਮ-ਪਿਆਰ ਵਿਚ ਰੰਗੀ ਗਈ ਹੈ।
1510	37	ਬਿਨੁ ਸਤਿਗੁਰ ਕਿਨੈ ਨ ਪਾਇਓ ਕਰਿ ਵੇਖਹੁ ਮਨਿ ਵੀਚਾਰਿ॥		Bin Sathigur Kinai N Paaeiou Kar Vaekhahu Man Veechaar ||	Without the True Guru, no one has found Him; reflect upon this in your mind and see.	(ਹੇ ਭਾਈ!) ਆਪਣੇ ਮਨ ਵਿਚ ਵਿਚਾਰ ਕਰ ਕੇ ਵੇਖ ਲਵੋ। ਸਤਿਗੁਰੂ (ਦੀ ਸਰਨ) ਤੋਂ ਬਿਨਾ ਕਿਸੇ ਨੇ ਪਰਮਾਤਮਾ ਨੂੰ ਨਹੀਂ ਲੱਭਾ,

1511	37	ਮਨਮੁਖ ਮੈਲੁ ਨ ਉਤਰੈ ਜਿਚਰੁ ਗੁਰ ਸਬਦਿ ਨ ਕਰੇ ਪਿਆਰੁ॥੧॥	ਜਿੱਚਰੁ	Manamukh Mail N Outharai Jichar Gur Sabadh N Karae Piaar ||1||	The filth of the self-willed manmukhs is not washed off; they have no love for the Guru's Shabad. ||1||	(ਕਿਉਂਕਿ) ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਜਦ ਤਕ ਗੁਰੂ ਦੇ ਸ਼ਬਦ ਵਿਚ ਪਿਆਰ ਨਹੀਂ ਪਾਂਦਾ, ਉਸ ਦੇ ਮਨ ਦੀ (ਵਿਕਾਰਾਂ ਦੀ) ਮੈਲ ਨਹੀਂ ਉਤਰਦੀ ॥੧॥
1512	37	ਮਨ ਮੇਰੇ ਸਤਿਗੁਰ ਕੈ ਭਾਣੈ ਚਲੁ॥	ਚੱਲੁ	Man Maerae Sathigur Kai Bhaanai Chal ||	O my mind, walk in harmony with the True Guru.	ਹੇ ਮੇਰੇ ਮਨ! ਸਤਿਗੁਰੂ ਦੀ ਰਜ਼ਾ ਵਿਚ ਤੁਰ,
1513	37	ਨਿਜ ਘਰਿ ਵਸਹਿ ਅੰਮ੍ਰਿਤੁ ਪੀਵਹਿ ਤਾ ਸੁਖ ਲਹਹਿ ਮਹਲੁ॥੧॥ਰਹਾਉ॥	ਰਾਮ ਰੂਪੀ ਮਹੱਲੁ	Nij Ghar Vasehi Anmrith Peevehi Thaa Sukh Lehehi Mehal ||1|| Rehaao ||	Dwell within the home of your own inner being, and drink in the Ambrosial Nectar; you shall attain the Peace of the Mansion of His Presence. ||1||Pause||	(ਗੁਰੂ ਦੀ ਰਜ਼ਾ ਵਿਚ ਤੁਰ ਕੇ) ਆਪਣੇ ਅੰਤਰ ਆਤਮੇ ਟਿਕਿਆ ਰਹੇਂਗਾ (ਭਾਵ, ਭਟਕਣਾ ਤੋਂ ਬਚ ਜਾਵੇਂਗਾ), ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਵੇਂਗਾ, ਉਸ ਦੀ ਬਰਕਤਿ ਨਾਲ ਸੁਖ ਦਾ ਟਿਕਾਣਾ ਲੱਭ ਲਵੇਂਗਾ ॥੧॥ ਰਹਾਉ ॥
1514	37	ਅਉਗੁਣਵੰਤੀ ਗੁਣੁ ਕੋ ਨਹੀ ਬਹਣਿ ਨ ਮਿਲੈ ਹਦੂਰਿ॥	ਬਹ-ਣਿ	Aougunavanthee Gun Ko Nehee Behan N Milai Hadhoor ||	The unvirtuous have no merit; they are not allowed to sit in His Presence.	ਜਿਸ ਜੀਵ-ਇਸਤ੍ਰੀ ਦੇ ਅੰਦਰ ਔਗੁਣ ਹੀ ਔਗੁਣ ਹਨ ਤੇ ਗੁਣ ਕੋਈ ਭੀ ਨਹੀਂ, ਉਸ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਬੈਠਣਾ ਨਹੀਂ ਮਿਲਦਾ।
1515	37	ਮਨਮੁਖਿ ਸਬਦੁ ਨ ਜਾਣਈ ਅਵਗਣਿ ਸੋ ਪ੍ਰਭੁ ਦੂਰਿ॥		Manamukh Sabadh N Jaanee Avagan So Prabh Dhoor ||	The self-willed manmukhs do not know the Shabad; those without virtue are far removed from God.	ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਦੀ ਕਦਰ ਨਹੀਂ ਜਾਣਦੀ, ਔਗੁਣ ਦੇ ਕਾਰਨ ਉਹ ਪਰਮਾਤਮਾ ਉਸ ਨੂੰ ਕਿਤੇ ਦੂਰ ਹੀ ਜਾਪਦਾ ਹੈ।

1516	37	ਜਿਨੀ ਸਚੁ ਪਛਾਣਿਆ ਸਚਿ ਰਤੇ ਭਰਪੂਰਿ॥		Jinee Sach Pashhaaniaa Sach Rathae Bharapoor ||	Those who recognize the True One are permeated and attuned to Truth.	ਜਿਨ੍ਹਾਂ ਮਨੁੱਖਾਂ ਨੇ ਸਦਾ-ਥਿਰ ਪਰਮਾਤਮਾ ਨੂੰ ਹਰ ਥਾਂ ਵੱਸਦਾ ਪਛਾਣ ਲਿਆ ਹੈ, ਉਹ ਉਸ ਸਦਾ-ਥਿਰ ਪ੍ਰਭੂ (ਦੇ ਪਿਆਰ-ਰੰਗ) ਵਿਚ ਰੰਗੇ ਰਹਿੰਦੇ ਹਨ,
1517	37	ਗੁਰ ਸਬਦੀ ਮਨੁ ਬੇਧਿਆ ਪ੍ਰਭੁ ਮਿਲਿਆ ਆਪਿ ਹਦੂਰਿ॥੨॥	(ਬੇਧਿਆ) ਵਿੰਨ੍ਹਿਆ	Gur Sabadhee Man Baedhhiaa Prabh Miliaa Aap Hadhoor ||2||	Their minds are pierced through by the Word of the Guru's Shabad, and God Himself ushers them into His Presence. ||2||	ਉਹਨਾਂ ਦਾ ਮਨ ਗੁਰੂ ਦੇ ਸ਼ਬਦ ਵਿਚ ਪ੍ਰੋਤਾ ਰਹਿੰਦਾ ਹੈ, ਉਹਨਾਂ ਨੂੰ ਪਰਮਾਤਮਾ ਮਿਲ ਪੈਂਦਾ ਹੈ ਤੇ ਅੰਗ-ਸੰਗ ਵੱਸਦਾ ਦਿੱਸਦਾ ਹੈ ॥੨॥
1518	37	ਆਪੇ ਰੰਗਣਿ ਰੰਗਿਓਨੁ ਸਬਦੇ ਲਇਓਨੁ ਮਿਲਾਇ॥		Aapae Rangan Rangioun Sabadhae Laeioun Milaae ||	He Himself dyes us in the Color of His Love; through the Word of His Shabad, He unites us with Himself.	(ਪਰ ਜੀਵਾਂ ਦੇ ਕੀ ਵੱਸ?) ਜਿਨ੍ਹਾਂ ਜੀਵਾਂ ਨੂੰ ਪ੍ਰਭੂ ਨੇ ਆਪ ਹੀ ਸਾਧ ਸੰਗਤਿ ਵਿਚ (ਰੱਖ ਕੇ ਨਾਮ ਰੰਗ ਨਾਲ) ਰੰਗਿਆ ਹੈ, ਗੁਰ-ਸ਼ਬਦ ਵਿਚ ਜੋੜ ਕੇ ਉਹਨਾਂ ਨੂੰ ਆਪਣੇ (ਚਰਨਾਂ) ਵਿਚ ਮਿਲਾ ਲਿਆ ਹੈ।
1519	37	ਸਚਾ ਰੰਗੁ ਨ ਉਤਰੈ ਜੋ ਸਚਿ ਰਤੇ ਲਿਵ ਲਾਇ॥		Sachaa Rang N Outharai Jo Sach Rathae Liv Laae ||	This True Color shall not fade away, for those who are attuned to His Love.	ਜੇਹੜੇ ਬੰਦੇ ਸਦਾ-ਥਿਰ ਪ੍ਰਭੂ ਵਿਚ ਸੁਰਤ ਜੋੜ ਕੇ (ਨਾਮ-ਰੰਗ ਨਾਲ) ਰੰਗੇ ਜਾਂਦੇ ਹਨ, ਉਹਨਾਂ ਦਾ ਇਹ ਸਦਾ-ਥਿਰ ਰਹਿਣ ਵਾਲਾ ਰੰਗ ਕਦੇ ਭੀ ਨਹੀਂ ਉਤਰਦਾ।

1520	37	ਚਾਰੇ ਕੁੰਡਾ ਭਵਿ ਥਕੇ ਮਨਮੁਖ ਬੂਝ ਨ ਪਾਇ॥	(ਭਵਿ) ਭਟਕ	Chaarae Kunddaa Bhav Thhakae Manamukh Boojh N Paae ||	The self-willed manmukhs grow weary of wandering around in all four directions, but they do not understand.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ (ਮਾਇਆ ਦੀ ਖ਼ਾਤਰ) ਚੌਹੀਂ ਪਾਸੀਂ, ਭਟਕ ਭਟਕ ਕੇ ਥੱਕ ਜਾਂਦੇ ਹਨ (ਭਾਵ, ਆਤਮਕ ਜੀਵਨ ਕਮਜ਼ੋਰ ਕਰ ਲੈਂਦੇ ਹਨ) ਉਹਨਾਂ ਨੂੰ (ਸਹੀ ਜੀਵਨ-ਰਾਹ ਦੀ) ਸੂਝ ਨਹੀ ਪੈਂਦੀ।
1521	37	ਜਿਸੁ ਸਤਿਗੁਰੁ ਮੇਲੇ ਸੋ ਮਿਲੈ ਸਚੈ ਸਬਦਿ ਸਮਾਇ॥੩॥		Jis Sathigur Maelae So Milai Sachai Sabadh Samaae ||3||	One who is united with the True Guru, meets and merges in the True Word of the Shabad. ||3||	ਜਿਸ ਮਨੁੱਖ ਨੂੰ ਗੁਰੂ ਮਿਲਾਂਦਾ ਹੈ ਉਹ ਪ੍ਰਭੂ ਪ੍ਰੀਤਮ ਨੂੰ ਮਿਲ ਪੈਂਦਾ ਹੈ, ਉਹ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਵਿਚ ਲੀਨ ਰਹਿੰਦਾ ਹੈ ॥੩॥
1522	37	ਮਿਤ੍ਰ ਘਣੇਰੇ ਕਰਿ ਥਕੀ ਮੇਰਾ ਦੁਖੁ ਕਾਟੈ ਕੋਇ॥	ਥੱਕੀ	Mithr Ghanaerae Kar Thhakee Maeraa Dhukh Kaattai Koe ||	I have grown weary of making so many friends, hoping that someone might be able to end my suffering.	(ਦੁਨੀਆ ਦੇ) ਬਥੇਰੇ (ਸੰਬੰਧੀਆਂ ਨੂੰ) ਮਿੱਤਰ ਬਣਾ ਬਣਾ ਕੇ ਮੈਂ ਥੱਕ ਚੁੱਕੀ ਹਾਂ (ਮੈ ਸਮਝਦੀ ਰਹੀ ਕਿ ਕੋਈ ਸਾਕ-ਸੰਬੰਧੀ) ਮੇਰਾ ਦੁੱਖ ਕੱਟ ਸਕੇਗਾ।
1523	37	ਮਿਲਿ ਪ੍ਰੀਤਮ ਦੁਖੁ ਕਟਿਆ ਸਬਦਿ ਮਿਲਾਵਾ ਹੋਇ॥	(ਸਬਦਿ) ਬ੍ਰਹਮ	Mil Preetham Dhukh Kattiaa Sabadh Milaavaa Hoe ||	Meeting with my Beloved, my suffering has ended; I have attained Union with the Word of the Shabad.	ਪ੍ਰੀਤਮ-ਪ੍ਰਭੂ ਨੂੰ ਮਿਲ ਕੇ ਹੀ ਦੁੱਖ ਕੱਟਿਆ ਜਾਂਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਹੀ ਉਸ ਨਾਲ ਮਿਲਾਪ ਹੁੰਦਾ ਹੈ।

1524	37	ਸਚੁ ਖਟਣਾ ਸਚੁ ਰਾਸਿ ਹੈ ਸਚੇ ਸਚੀ ਸੋਇ॥	(ਰਾਸਿ) ਪੂੰਜੀ। ਖੱਟਣਾ	Sach Khattanaa Sach Raas Hai Sachae Sachee Soe ||	Earning Truth, and accumulating the Wealth of Truth, the truthful person gains a reputation of Truth.	ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦਾ ਹੈ ਸਦਾ-ਥਿਰ ਪ੍ਰਭੂ ਦਾ ਨਾਮ ਹੀ ਉਸ ਦੀ ਖੱਟੀ ਕਮਾਈ ਹੋ ਜਾਂਦਾ ਹੈ, ਨਾਮ ਹੀ ਉਸ ਦਾ ਸਰਮਾਇਆ ਬਣ ਜਾਂਦਾ ਹੈ ਤੇ ਉਸ ਨੂੰ ਸਦਾ ਕਾਇਮ ਰਹਿਣ ਵਾਲੀ ਸੋਭਾ ਮਿਲਦੀ ਹੈ।
1525	37	ਸਚਿ ਮਿਲੇ ਸੇ ਨ ਵਿਛੁੜਹਿ ਨਾਨਕ ਗੁਰਮੁਖਿ ਹੋਇ॥੪॥੨੬॥੫੯॥		Sach Milae Sae N Vishhurrehi Naanak Guramukh Hoe ||4||26||59||	Meeting with the True One, O Nanak, the Gurmukh shall not be separated from Him again. ||4||26||59||	ਹੇ ਨਾਨਕ! ਗੁਰੂ ਦੇ ਸਨਮੁਖ ਹੋ ਕੇ ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ ਵਿਚ ਮਿਲ ਜਾਂਦੇ ਹਨ ਉਹ (ਮੁੜ ਉਸ ਤੋਂ) ਜੁਦਾ ਨਹੀਂ ਹੁੰਦੇ ॥੪॥੨੬॥੫੯॥
1526	37	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1527	37	ਆਪੇ ਕਾਰਣੁ ਕਰਤਾ ਕਰੇ ਸ੍ਰਿਸਟਿ ਦੇਖੈ ਆਪਿ ਉਪਾਇ॥		Aapae Kaaran Karathaa Karae Srisatt Dhaekhai Aap Oupaae ||	The Creator Himself created the Creation; He produced the Universe, and He Himself watches over it.	ਕਰਤਾਰ ਆਪ ਹੀ (ਜਗਤ ਦਾ) ਮੂਲ ਰਚਦਾ ਹੈ ਤੇ ਫਿਰ ਜਗਤ ਪੈਦਾ ਕਰ ਕੇ ਆਪ (ਹੀ) ਉਸ ਦੀ ਸੰਭਾਲ ਕਰਦਾ ਹੈ।

1528	37	ਸਭ ਏਕੋ ਇਕੁ ਵਰਤਦਾ ਅਲਖੁ ਨ ਲਖਿਆ ਜਾਇ॥	ਅ-ਲਖੁ ਲਖਿਆ: ਪੋਲੇ ਬੋਲੋ	Sabh Eaeko Eik Varathadhaa Alakh N Lakhiaa Jaae ||	The One and Only Lord is pervading and permeating all. The Unseen cannot be seen.	(ਇਸ ਜਗਤ ਵਿਚ) ਹਰ ਥਾਂ ਕਰਤਾਰ ਆਪ ਹੀ ਆਪ ਵਿਆਪਕ ਹੈ (ਫਿਰ ਭੀ) ਉਹ (ਜੀਵਾਂ ਦੀ) ਸਮਝ ਵਿਚ ਨਹੀਂ ਆ ਸਕਦਾ, ਉਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ।
1529	37	ਆਪੇ ਪ੍ਰਭੂ ਦਇਆਲੁ ਹੈ ਆਪੇ ਦੇਇ ਬੁਝਾਇ॥		Aapae Prabhoo Dhaeiaal Hai Aapae Dhaee Bujhaae ||	God Himself is Merciful; He Himself bestows understanding.	ਉਹ ਪ੍ਰਭੂ ਆਪ ਹੀ (ਜਦੋਂ) ਦਿਆਲ ਹੁੰਦਾ ਹੈ (ਤਦੋਂ) ਆਪ ਹੀ (ਸਹੀ ਜੀਵਨ ਦੀ) ਸਮਝ ਬਖ਼ਸ਼ਦਾ ਹੈ।
1530	37	ਗੁਰਮਤੀ ਸਦ ਮਨਿ ਵਸਿਆ ਸਚਿ ਰਹੇ ਲਿਵ ਲਾਇ॥੧॥		Guramathee Sadh Man Vasiaa Sach Rehae Liv Laae ||1||	Through the Guru's Teachings, the True One dwells forever in the mind of those who remain lovingly attached to Him. ||1||	ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਗੁਰੂ ਦੀ ਮਤਿ ਦੀ ਬਰਕਤਿ ਨਾਲ ਪਰਮਾਤਮਾ ਵੱਸ ਪੈਂਦਾ ਹੈ, ਉਹ ਮਨੁੱਖ ਉਸ ਸਦਾ-ਥਿਰ ਪ੍ਰਭੂ ਵਿਚ ਸਦਾ ਸੁਰਤ ਜੋੜੀ ਰੱਖਦੇ ਹਨ ॥੧॥
1531	37	ਮਨ ਮੇਰੇ ਗੁਰ ਕੀ ਮੰਨਿ ਲੈ ਰਜਾਇ॥	(ਰਜਾਇ) ਹੁਕਮ	Man Maerae Gur Kee Mann Lai Rajaae ||	O my mind, surrender to the Guru's Will.	ਹੇ ਮੇਰੇ ਮਨ! ਗੁਰੂ ਦੇ ਹੁਕਮ ਵਿਚ ਤੁਰ।

1532	37	ਮਨੁ ਤਨੁ ਸੀਤਲੁ ਸਭੁ ਥੀਐ ਨਾਮੁ ਵਸੈ ਮਨਿ ਆਇ॥੧॥ਰਹਾਉ॥	(ਸੀਤਲੁ) ਸ਼ਾਂਤ। (ਥੀਐ) ਹੁੰਦਾ	Man Than Seethal Sabh Thheeai Naam Vasai Man Aae ||1|| Rehaao ||	Mind and body are totally cooled and soothed, and the Naam comes to dwell in the mind. ||1||Pause||	(ਜੇਹੜਾ ਮਨੁੱਖ ਗੁਰੂ ਦਾ ਹੁਕਮ ਮੰਨਦਾ ਹੈ ਉਸ ਦਾ) ਮਨ (ਉਸ ਦਾ ਸਰੀਰ) ਸ਼ਾਂਤ ਹੋ ਜਾਂਦਾ ਹੈ, (ਉਸ ਦੇ) ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ ॥੧॥ ਰਹਾਉ ॥
1533	37	ਜਿਨਿ ਕਰਿ ਕਾਰਣੁ ਧਾਰਿਆ ਸੋਈ ਸਾਰ ਕਰੇਇ॥		Jin Kar Kaaran Dhhaariaa Soee Saar Karaee ||	Having created the creation, He supports it and takes care of it.	ਜਿਸ ਕਰਤਾਰ ਨੇ ਜਗਤ ਦਾ ਮੂਲ ਰਚ ਕੇ ਜਗਤ ਪੈਦਾ ਕੀਤਾ ਹੈ, ਉਹੀ ਇਸ ਦੀ ਸੰਭਾਲ ਕਰਦਾ ਹੈ।
1534	37	ਗੁਰ ਕੈ ਸਬਦਿ ਪਛਾਣੀਐ ਜਾ ਆਪੇ ਨਦਰਿ ਕਰੇਇ॥		Gur Kai Sabadh Pashhaaneeai Jaa Aapae Nadhar Karaee ||	The Word of the Guru's Shabad is realized, when He Himself bestows His Glance of Grace.	ਪਰ ਉਸ ਦੀ ਕਦਰ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਤਦੋਂ ਪੈਂਦੀ ਹੈ, ਜਦੋਂ ਉਹ ਆਪ ਹੀ ਮਿਹਰ ਦੀ ਨਿਗਾਹ ਕਰਦਾ ਹੈ।
1535	37	ਸੇ ਜਨ ਸਬਦੇ ਸੋਹਣੇ ਤਿਤੁ ਸਚੈ ਦਰਬਾਰਿ॥		Sae Jan Sabadhae Sohanae Thith Sachai Dharabaar ||	Those who are beautifully adorned with the Shabad in the Court of the True Lord	(ਜਿਨ੍ਹਾਂ ਉੱਤੇ ਮਿਹਰ ਦੀ ਨਿਗਾਹ ਕਰਦਾ ਹੈ) ਉਹ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਸਦਾ-ਥਿਰ ਪ੍ਰਭੂ ਦੇ ਦਰਬਾਰ ਵਿਚ ਸੋਭਾ ਪਾਂਦੇ ਹਨ।

1536	37	ਗੁਰਮੁਖਿ ਸਚੈ ਸਬਦਿ ਰਤੇ ਆਪਿ ਮੇਲੇ ਕਰਤਾਰਿ॥੨॥		Guramukh Sachai Sabadh Rathae Aap Maelae Karathaar ||2||	-those Gurmukhs are attuned to the True Word of the Shabad; the Creator unites them with Himself. ||2||	ਜਿਨ੍ਹਾਂ ਨੂੰ ਕਰਤਾਰ ਨੇ ਆਪ ਹੀ (ਗੁਰੂ-ਚਰਨਾਂ ਵਿਚ) ਜੋੜਿਆ ਹੈ ਉਹ ਗੁਰੂ ਦੇ ਸਨਮੁਖ ਰਹਿ ਕੇ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਰੰਗੇ ਰਹਿੰਦੇ ਹਨ ॥੨॥
1537	37	ਗੁਰਮਤੀ ਸਚੁ ਸਲਾਹਣਾ ਜਿਸ ਦਾ ਅੰਤੁ ਨ ਪਾਰਾਵਾਰੁ॥		Guramathee Sach Salaahanaa Jis Dhaa Anth N Paaraavaar ||	Through the Guru's Teachings, praise the True One, who has no end or limitation.	(ਹੇ ਭਾਈ!) ਗੁਰੂ ਦੀ ਮਤਿ ਲੈ ਕੇ ਉਸ ਸਦਾ-ਥਿਰ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ ਜਿਸ (ਦੇ ਗੁਣਾਂ) ਦਾ ਅੰਤ ਨਹੀਂ ਪੈ ਸਕਦਾ, ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ।
1538	37	ਘਟਿ ਘਟਿ ਆਪੇ ਹੁਕਮਿ ਵਸੈ ਹੁਕਮੇ ਕਰੇ ਬੀਚਾਰੁ॥		Ghatt Ghatt Aapae Hukam Vasai Hukamae Karae Beechaar ||	He dwells in each and every heart, by the Hukam of His Command; by His Hukam, we contemplate Him.	(ਉਹ ਸਦਾ-ਥਿਰ ਪ੍ਰਭੂ) ਆਪ ਹੀ ਆਪਣੇ ਹੁਕਮ ਅਨੁਸਾਰ ਹਰੇਕ ਸਰੀਰ ਵਿਚ ਵੱਸਦਾ ਹੈ, ਤੇ ਆਪਣੇ ਹੁਕਮ ਵਿਚ ਹੀ (ਜੀਵਾਂ ਦੀ ਸੰਭਾਲ ਦੀ) ਵਿਚਾਰ ਕਰਦਾ ਹੈ।
1539	37	ਗੁਰ ਸਬਦੀ ਸਾਲਾਹੀਐ ਹਉਮੈ ਵਿਚਹੁ ਖੋਇ॥	(ਖੋਇ) ਨਾਸ	Gur Sabadhee Saalaaheeai Houmai Vichahu Khoe ||	So praise Him through the Word of the Guru's Shabad, and drive out egotism from within.	(ਹੇ ਭਾਈ!) ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਣੇ ਅੰਦਰੋਂ ਹਉਮੈ ਦੂਰ ਕਰਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ।

1540	37	ਸਾ ਧਨ ਨਾਵੈ ਬਾਹਰੀ ਅਵਗਣਵੰਤੀ ਰੋਇ॥੩॥	ਧਨ: ਪੋਲਾ ਬੋਲੋ। (ਧਨ) ਜੀਵ ਰੂਪੀ ਇਸਤ੍ਰੀ	Saa Dhhan Naavai Baaharee Avaganavanthee Roe ||3||	That soul-bride who lacks the Lord's Name acts without virtue, and so she grieves. ||3||	ਜੇਹੜੀ ਜੀਵ-ਇਸਤ੍ਰੀ ਪ੍ਰਭੂ ਦੇ ਨਾਮ ਤੋਂ ਸੱਖਣੀ ਰਹਿੰਦੀ ਹੈ ਉਹ ਔਗੁਣਾਂ ਨਾਲ ਭਰ ਜਾਂਦੀ ਹੈ ਤੇ ਦੁੱਖੀ ਹੁੰਦੀ ਹੈ ॥੩॥
1541	37	ਸਚੁ ਸਲਾਹੀ ਸਚਿ ਲਗਾ ਸਚੈ ਨਾਇ ਤ੍ਰਿਪਤਿ ਹੋਇ॥		Sach Salaahee Sach Lagaa Sachai Naae Thripath Hoe ||	Praising the True One, attached to the True One, I am satisfied with the True Name.	ਹੇ ਨਾਨਕ! (ਆਖ-ਮੇਰੀ ਇਹੀ ਅਰਦਾਸ ਹੈ ਕਿ) ਮੈਂ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਰਹਾਂ, ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਜੁੜਿਆ ਰਹਾਂ, ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਟਿਕੇ ਰਿਹਾਂ ਹੀ ਤ੍ਰਿਸ਼ਨਾ ਮੁੱਕਦੀ ਹੈ।
1542	37	ਗੁਣ ਵੀਚਾਰੀ ਗੁਣ ਸੰਗ੍ਰਹਾ ਅਵਗੁਣ ਕਢਾ ਧੋਇ॥	(ਸੰਗ੍ਰਹਾ) ਇਕੱਠਾ ਕਰਨਾ	Gun Veechaaree Gun Sangrehaa Avagun Kadtaa Dhhoe ||	Contemplating His Virtues, I accumulate virtue and merit; I wash myself clean of demerits.	(ਮੇਰੀ ਅਰਦਾਸ ਹੈ ਕਿ) ਮੈਂ ਪਰਮਾਤਮਾ ਦੇ ਗੁਣਾਂ ਨੂੰ ਵਿਚਾਰਦਾ ਰਹਾਂ, ਉਹਨਾਂ ਗੁਣਾਂ ਨੂੰ (ਆਪਣੇ ਹਿਰਦੇ ਵਿਚ) ਇਕੱਠੇ ਕਰਦਾ ਰਹਾਂ ਤੇ (ਇਸ ਤਰ੍ਹਾਂ ਆਪਣੇ ਅੰਦਰੋਂ) ਔਗੁਣ ਧੋ ਕੇ ਕੱਢ ਦਿਆਂ।
1543	37	ਆਪੇ ਮੇਲਿ ਮਿਲਾਇਦਾ ਫਿਰਿ ਵੇਛੋੜਾ ਨ ਹੋਇ॥		Aapae Mael Milaaeidhaa Fir Vaeshhorraa N Hoe ||	He Himself unites us in His Union; there is no more separation.	ਜਿਸ ਮਨੁੱਖ ਨੂੰ ਪ੍ਰਭੂ ਆਪ ਹੀ ਆਪਣੇ ਚਰਨਾਂ ਵਿਚ ਜੋੜਦਾ ਹੈ, ਉਸ ਨੂੰ ਮੁੜ ਕਦੇ ਪ੍ਰਭੂ ਤੋਂ ਵਿਛੋੜਾ ਨਹੀਂ ਹੁੰਦਾ।

1544	37	ਨਾਨਕ ਗੁਰੁ ਸਾਲਾਹੀ ਆਪਣਾ ਜਿਦੂ ਪਾਈ ਪ੍ਰਭੁ ਸੋਇ॥੪॥੨੭॥੬੦॥	(ਜਿੱਦੂ) ਜਿਸ ਕਰਕੇ	Naanak Gur Saalaahee Aapanaa Jidhoo Paaee Prabh Soe ||4||27||60||	O Nanak, I sing the Praises of my Guru; through Him, I find that God. ||4||27||60||	(ਮੇਰੀ ਅਰਦਾਸ ਹੈ ਕਿ) ਮੈਂ ਆਪਣੇ ਗੁਰੂ ਦੀ ਸਿਫ਼ਤਿ ਕਰਦਾ ਰਹਾਂ, ਕਿਉਂਕਿ ਗੁਰੂ ਦੀ ਰਾਹੀਂ ਹੀ ਉਹ ਪ੍ਰਭੂ ਮਿਲ ਸਕਦਾ ਹੈ ॥੪॥੨੭॥੬੦॥
1545	37	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1546	37	ਸੁਣਿ ਸੁਣਿ ਕਾਮ ਗਹੇਲੀਏ ਕਿਆ ਚਲਹਿ ਬਾਹ ਲੁਡਾਇ॥	(ਗਹੇਲੀਏ) ਕਮਲ਼ੀ। (ਲੁਡਾਇ) ਫ਼ੈਲਾਅ ਕੇ	Sun Sun Kaam Gehaeleeeae Kiaa Chalehi Baah Luddaae ||	Listen, listen, O soul-bride: you are overtaken by sexual desire-why do you walk like that, swinging your arms in joy?	ਹੇ ਸੁਆਰਥ ਵਿਚ ਫਸੀ ਹੋਈ ਜੀਵ-ਇਸਤ੍ਰੀਏ! ਧਿਆਨ ਨਾਲ ਸੁਣ! ਕਿਉਂ ਇਤਨੀ ਲਾ-ਪਰਵਾਹੀ ਨਾਲ (ਜੀਵਨ-ਪੰਧ ਵਿਚ) ਤੁਰ ਰਹੀ ਹੈਂ?
1547	37	ਆਪਣਾ ਪਿਰੁ ਨ ਪਛਾਣਹੀ ਕਿਆ ਮੁਹੁ ਦੇਸਹਿ ਜਾਇ॥	(ਦੇਸਹਿ) ਦਿਖਾਵੇਂਗੀ	Aapanaa Pir N Pashhaanehee Kiaa Muhu Dhaesehi Jaae ||	You do not recognize your own Husband Lord! When you go to Him, what face will you show Him?	(ਸੁਆਰਥ ਵਿਚ ਫਸ ਕੇ) ਤੂੰ ਆਪਣੇ ਪ੍ਰਭੂ-ਪਤੀ ਨੂੰ (ਹੁਣ) ਪਛਾਣਦੀਂ ਨਹੀਂ, ਪਰਲੋਕ ਵਿਚ ਜਾ ਕੇ ਕੀਹ ਮੂੰਹ ਵਿਖਾਵੇਂਗੀ?
1548	37	ਜਿਨੀ ਸਖੀ ਕੰਤੁ ਪਛਾਣਿਆ ਹਉ ਤਿਨ ਕੈ ਲਾਗਉ ਪਾਇ॥		Jinee Sakhanaeen Kanth Pashhaaniaa Ho Thin Kai Laago Paae ||	I touch the feet of my sister soul-brides who have known their Husband Lord.	ਜਿਨ੍ਹਾਂ ਸਤਸੰਗੀ ਜੀਵ-ਇਸਤ੍ਰੀਆਂ ਨੇ ਆਪਣੇ ਖਸਮ-ਪ੍ਰਭੂ ਨਾਲ ਜਾਣ-ਪਛਾਣ ਪਾ ਰੱਖੀ ਹੈ (ਉਹ ਭਾਗਾਂ ਵਾਲੀਆਂ ਹਨ) ਮੈਂ ਉਹਨਾਂ ਦੇ ਚਰਨੀਂ ਲੱਗਦਾ ਹਾਂ।

1549	37	ਤਿਨ ਹੀ ਜੈਸੀ ਥੀ ਰਹਾ ਸਤਿਸੰਗਤਿ ਮੇਲਿ ਮਿਲਾਇ॥੧॥	(ਥੀ) ਹੋ	Thin Hee Jaisee Thhee Rehaa Sathasangath Mael Milaae ||1||	If only I could be like them! Joining the Sat Sangat, the True Congregation, I am united in His Union. ||1||	(ਮੇਰਾ ਚਿੱਤ ਕਰਦਾ ਹੈ ਕਿ) ਮੈਂ ਉਹਨਾਂ ਦੇ ਸਤਸੰਗ ਦੇ ਇਕੱਠ ਵਿਚ ਮਿਲ ਕੇ ਉਹਨਾਂ ਜਿਹੀ ਬਣ ਜਾਵਾਂ ॥੧॥
1550	38	ਮੁੰਧੇ ਕੂੜਿ ਮੁਠੀ ਕੂੜਿਆਰਿ॥	ਜੁਆਨ ਹੋਵੇ ਪਰ, ਪਤੀ ਦੀ ਪ੍ਰਸੰਨਤਾ ਲੈਣ ਤੋਂ ਰਹਿਤ ਜੀਵ ਰੂਪੀ (ਮੁੰਧੇ) ਮੂਰਖ ਇਸਤ੍ਰੀ। (ਮੁੱਠੀ) ਠੱਗੀ	Mundhhae Koorr Muthee Koorriaar ||	O woman, the false ones are being cheated by falsehood.	ਹੇ ਆਪੇ ਵਿਚ ਮਸਤ ਤੇ ਕੂੜ ਦੀ ਵਣਜਾਰਨ ਜੀਵ-ਇਸਤ੍ਰੀਏ! ਤੈਨੂੰ ਮਾਇਆ ਦੇ ਪਸਾਰੇ ਨੇ ਲੁੱਟ ਲਿਆ ਹੈ (ਇਸ ਤਰ੍ਹਾਂ ਪ੍ਰਭੂ-ਪਤੀ ਨਾਲ ਮੇਲ ਨਹੀਂ ਹੋ ਸਕਦਾ)।
1551	38	ਪਿਰੁ ਪ੍ਰਭੁ ਸਾਚਾ ਸੋਹਣਾ ਪਾਈਐ ਗੁਰ ਬੀਚਾਰਿ॥੧॥ਰਹਾਉ ॥		Pir Prabh Saachaa Sohanaa Paaeeai Gur Beechaar ||1|| Rehaao ||	God is your Husband; He is Handsome and True. He is obtained by reflecting upon the Guru. ||1||Pause||	ਸਦਾ-ਥਿਰ ਰਹਿਣ ਵਾਲਾ ਸੋਹਣਾ ਪ੍ਰਭੂ-ਪਤੀ ਗੁਰੂ ਦੀ ਦੱਸੀ ਵਿਚਾਰ ਤੇ ਤੁਰਿਆਂ ਹੀ ਮਿਲਦਾ ਹੈ ॥੧॥ ਰਹਾਉ ॥
1552	38	ਮਨਮੁਖਿ ਕੰਤੁ ਨ ਪਛਾਣਈ ਤਿਨ ਕਿਉ ਰੈਣਿ ਵਿਹਾਇ॥		Manamukh Kanth N Pashhaanee Thin Kio Rain Vihaae ||	The self-willed manmukhs do not recognize their Husband Lord; how will they spend their life-night?	ਜੇਹੜੀਆਂ ਜੀਵ-ਇਸਤ੍ਰੀਆਂ ਆਪਣੇ ਹੀ ਮਨ ਦੇ ਪਿੱਛੇ ਤੁਰਦੀਆਂ ਹਨ, ਖਸਮ-ਪ੍ਰਭੂ ਉਹਨਾਂ ਨੂੰ ਪਛਾਣਦਾ ਭੀ ਨਹੀਂ। ਉਹਨਾਂ ਦੀ (ਜ਼ਿੰਦਗੀ-ਰੂਪ) ਰਾਤ ਕਿਵੇਂ ਬੀਤਦੀ ਹੋਵੇਗੀ? (ਭਾਵ, ਉਹ ਸਾਰੀ ਉਮਰ ਦੁਖੀ ਹੀ ਰਹਿੰਦੀਆਂ ਹਨ)।

1553	38	ਗਰਬਿ ਅਟੀਆ ਤ੍ਰਿਸਨਾ ਜਲਹਿ ਦੁਖੁ ਪਾਵਹਿ ਦੂਜੈ ਭਾਇ॥	(ਅੱਟੀਆਂ) ਭਰੀਆਂ ਹੋਈਆਂ	Garab Atteeaa Thrisanaa Jalehi Dhukh Paavehi Dhoojai Bhaae ||	Filled with arrogance, they burn with desire; they suffer in the pain of the love of duality.	ਉਹ ਅਹੰਕਾਰ ਵਿਚ ਨਕਾ-ਨਕ ਭਰੀਆਂ ਹੋਈਆਂ ਤ੍ਰਿਸ਼ਨਾ (ਦੀ ਅੱਗ) ਵਿਚ ਸੜਦੀਆਂ ਹਨ, ਉਹ ਮਾਇਆ ਦੇ ਮੋਹ ਵਿਚ (ਫਸ ਕੇ) ਦੁੱਖ ਸਹਾਰਦੀਆਂ ਹਨ।
1554	38	ਸਬਦਿ ਰਤੀਆ ਸੋਹਾਗਣੀ ਤਿਨ ਵਿਚਹੁ ਹਉਮੈ ਜਾਇ॥		Sabadh Ratheeaa Sohaaganee Thin Vichahu Houmai Jaae ||	The happy soul-brides are attuned to the Shabad; their egotism is eliminated from within.	(ਜੇਹੜੀਆਂ ਜੀਵ-ਇਸਤ੍ਰੀਆਂ ਗੁਰੂ ਦੇ) ਸ਼ਬਦ ਵਿਚ ਰੰਗੀਆਂ ਰਹਿੰਦੀਆਂ ਹਨ ਉਹ ਭਾਗਾਂ ਵਾਲੀਆਂ ਹਨ (ਸ਼ਬਦ ਦੀ ਬਰਕਤਿ ਨਾਲ) ਉਹਨਾਂ ਦੇ ਅੰਦਰੋਂ ਹਉਮੈ ਦੂਰ ਹੋ ਜਾਂਦੀ ਹੈ।
1555	38	ਸਦਾ ਪਿਰੁ ਰਾਵਹਿ ਆਪਣਾ ਤਿਨਾ ਸੁਖੇ ਸੁਖਿ ਵਿਹਾਇ॥੨॥	(ਰਾਵਹਿ) ਯਾਦ ਕਰਦੇ। (ਵਿਹਾਇ) ਬਤੀਤ ਹੋਵੇ।ਸੁਖੇ ਸੁਖਿ: ਪੋਲੇ ਬੋਲੋ	Sadhaa Pir Raavehi Aapanaa Thinaa Sukhae Sukh Vihaae ||2||	They enjoy their Husband Lord forever, and their life-night passes in the most blissful peace. ||2||	ਉਹ ਸਦਾ ਆਪਣੇ ਪ੍ਰਭੂ-ਪਤੀ ਨਾਲ ਮਿਲੀਆਂ ਰਹਿੰਦੀਆਂ ਹਨ ਉਹਨਾਂ ਦੀ ਉਮਰ ਨਿਰੋਲ ਸੁਖ ਵਿਚ ਬੀਤਦੀ ਹੈ ॥੨॥
1556	38	ਗਿਆਨ ਵਿਹੂਣੀ ਪਿਰ ਮੁਤੀਆ ਪਿਰਮੁ ਨ ਪਾਇਆ ਜਾਇ॥	(ਮੁੱਤੀਆ) ਛੁੱਟੜ। (ਵਿਹੂਣੀ) ਰਹਿਤ। (ਪਿਰਮੁ) ਪ੍ਰੇਮ, ਪ੍ਰਮਾਤਮਾ	Giaan Vihoonee Pir Mutheeaa Piram N Paaeiaa Jaae ||	She is utterly lacking in spiritual wisdom; she is abandoned by her Husband Lord. She cannot obtain His Love.	ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਨਾਲ ਡੂੰਘੀ ਸਾਂਝ ਪਾਣ ਤੋਂ ਬਿਨਾ ਹੀ ਰਹੀ, ਉਹ ਖਸਮ-ਪ੍ਰਭੂ ਵਲੋਂ ਛੁੱਟੜ ਹੀ ਰਹਿੰਦੀ ਹੈ, ਉਹ ਪ੍ਰਭੂ-ਪਤੀ ਦਾ ਪਿਆਰ ਹਾਸਲ ਨਹੀਂ ਕਰ ਸਕਦੀ।

1557	38	ਅਗਿਆਨ ਮਤੀ ਅੰਧੇਰੁ ਹੈ ਬਿਨੁ ਪਿਰ ਦੇਖੇ ਭੁਖ ਨ ਜਾਇ॥	(ਮਤੀ) ਮਸਤ	Agiaan Mathee Andhhaer Hai Bin Pir Dhaekhae Bhukh N Jaae ||	In the darkness of intellectual ignorance, she cannot see her Husband, and her hunger does not depart.	ਅਗਿਆਨ ਵਿਚ ਮੱਤੀ ਹੋਈ ਜੀਵ-ਇਸਤ੍ਰੀ ਨੂੰ (ਮਾਇਆ ਦੇ ਮੋਹ ਦਾ) ਹਨੇਰਾ ਵਿਆਪਿਆ ਰਹਿੰਦਾ ਹੈ, ਪਤੀ-ਪ੍ਰਭੂ ਦੇ ਦਰਸਨ ਤੋਂ ਬਿਨਾ ਉਸ ਦੀ ਇਹ ਮਾਇਆ ਦੀ ਭੁੱਖ ਦੂਰ ਨਹੀਂ ਹੁੰਦੀ।
1558	38	ਆਵਹੁ ਮਿਲਹੁ ਸਹੇਲੀਹੋ ਮੈ ਪਿਰੁ ਦੇਹੁ ਮਿਲਾਇ॥		Aavahu Milahu Sehaeleeho Mai Pir Dhaehu Milaae ||	Come and meet with me, my sister soul-brides, and unite me with my Husband.	ਹੇ ਸਤਸੰਗੀ ਜੀਵ-ਇਸਤ੍ਰੀਓ! ਆਓ, ਮੈਨੂੰ ਮਿਲੋ, ਤੇ ਮੈਨੂੰ ਪ੍ਰਭੂ-ਪਤੀ ਮਿਲਾ ਦਿਉ।
1559	38	ਪੂਰੈ ਭਾਗਿ ਸਤਿਗੁਰੁ ਮਿਲੈ ਪਿਰੁ ਪਾਇਆ ਸਚਿ ਸਮਾਇ॥੩॥		Poorai Bhaag Sathigur Milai Pir Paaeiaa Sach Samaae ||3||	She who meets the True Guru, by perfect good fortune, finds her Husband; she is absorbed in the True One. ||3||	ਜਿਸ ਜੀਵ-ਇਸਤ੍ਰੀ ਨੂੰ ਪੂਰੀ ਕਿਸਮਤਿ ਨਾਲ ਗੁਰੂ ਮਿਲ ਪੈਂਦਾ ਹੈ, ਉਹ ਪ੍ਰਭੂ-ਪਤੀ ਨੂੰ ਮਿਲ ਪੈਂਦੀ ਹੈ, ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦੀ ਹੈ ॥੩॥
1560	38	ਸੇ ਸਹੀਆ ਸੋਹਾਗਣੀ ਜਿਨ ਕਉ ਨਦਰਿ ਕਰੇਇ॥		Sae Seheeaa Sohaaganee Jin Ko Nadhar Karaee ||	Those upon whom He casts His Glance of Grace become His happy soul-brides.	ਉਹ ਸਤਸੰਗੀ ਜੀਵ-ਇਸਤ੍ਰੀਆਂ ਭਾਗਾਂ ਵਾਲੀਆਂ ਹਨ, ਜਿਨ੍ਹਾਂ ਉੱਤੇ ਪ੍ਰਭੂ ਮਿਹਰ ਦੀ ਨਿਗਾਹ ਕਰਦਾ ਹੈ।
1561	38	ਖਸਮੁ ਪਛਾਣਹਿ ਆਪਣਾ ਤਨੁ ਮਨੁ ਆਗੈ ਦੇਇ॥		Khasam Pashhaanehi Aapanaa Than Man Aagai Dhaee ||	One who recognizes her Lord and Master places her body and mind in offering before Him.	ਉਹ ਆਪਣਾ ਤਨ ਆਪਣਾ ਮਨ ਉਸ ਦੇ ਅੱਗੇ ਭੇਟ ਰੱਖ ਕੇ ਆਪਣੇ ਖਸਮ-ਪ੍ਰਭੂ ਨਾਲ ਸਾਂਝ ਪਾਂਦੀਆਂ ਹਨ।

1562	38	ਘਰਿ ਵਰੁ ਪਾਇਆ ਆਪਣਾ ਹਉਮੈ ਦੂਰਿ ਕਰੇਇ॥		Ghar Var Paaeiaa Aapanaa Houmai Dhoor Karaee ||	Within her own home, she finds her Husband Lord; her egotism is dispelled.	ਜੇਹੜੀ ਜੀਵ-ਇਸਤ੍ਰੀ ਆਪਣੇ ਅੰਦਰੋਂ ਹਉਮੈ ਦੂਰ ਕਰਦੀ ਹੈ ਉਹ ਆਪਣੇ ਹਿਰਦੇ-ਘਰ ਵਿਚ (ਹੀ) ਖਸਮ-ਪ੍ਰਭੂ ਨੂੰ ਲੱਭ ਲੈਂਦੀ ਹੈ।
1563	38	ਨਾਨਕ ਸੋਭਾਵੰਤੀਆ ਸੋਹਾਗਣੀ ਅਨ ਦਿਨੁ ਭਗਤਿ ਕਰੇਇ॥੪॥੨੮॥੬੧॥		Naanak Sobhaavantheeaa Sohaaganee Anadhin Bhagath Karaee ||4||28||61||	O Nanak, the happy soul-brides are embellished and exalted; night and day they are absorbed in devotional worship. ||4||28||61||	ਹੇ ਨਾਨਕ! ਉਹ ਸੋਭਾ ਵਾਲੀ ਬਣਦੀ ਹੈ ਉਹ ਭਾਗਾਂ ਵਾਲੀ ਹੈ, ਉਹ ਹਰ ਵੇਲੇ ਪ੍ਰਭੂ-ਪਤੀ ਦੀ ਭਗਤੀ ਕਰਦੀ ਹੈ ॥੪॥੨੮॥੬੧॥
1564	38	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1565	38	ਇਕਿ ਪਿਰੁ ਰਾਵਹਿ ਆਪਣਾ ਹਉ ਕੈ ਦਰਿ ਪੂਛਉ ਜਾਇ॥		Eik Pir Raavehi Aapanaa Ho Kai Dhar Pooshho Jaae ||	Some enjoy their Husband Lord; unto whose door should I go to ask for Him?	ਕਈ (ਭਾਗਾਂ ਵਾਲੀਆਂ ਜੀਵ-ਇਸਤ੍ਰੀਆਂ) ਆਪਣੇ ਪ੍ਰਭੂ-ਪਤੀ ਨੂੰ ਪ੍ਰਸੰਨ ਕਰਦੀਆਂ ਹਨ (ਉਹਨਾਂ ਨੂੰ ਵੇਖ ਕੇ ਮੇਰੇ ਅੰਦਰ ਭੀ ਤਾਂਘ ਪੈਦਾ ਹੁੰਦੀ ਹੈ ਕਿ) ਮੈਂ ਕਿਸ ਦੇ ਦਰ ਤੇ ਜਾ ਕੇ (ਪ੍ਰਭੂ-ਪਤੀ ਨੂੰ ਪ੍ਰਸੰਨ ਕਰਨ ਦਾ ਤਰੀਕਾ) ਪੁੱਛਾਂ?

1566	38	ਸਤਿਗੁਰੁ ਸੇਵੀ ਭਾਉ ਕਰਿ ਮੈ ਪਿਰੁ ਦੇਹੁ ਮਿਲਾਇ॥		Sathigur Saevee Bhaao Kar Mai Pir Dhaehu Milaae ||	I serve my True Guru with love, that He may lead me to Union with my Husband Lord.	ਮੈਂ ਸਰਧਾ ਧਾਰ ਕੇ ਸਤਿਗੁਰੂ ਦੀ ਸਰਨ ਪਕੜਦੀ ਹਾਂ (ਤੇ ਗੁਰੂ ਅੱਗੇ ਬੇਨਤੀ ਕਰਦੀ ਹਾਂ ਕਿ) (ਮੈਨੂੰ ਪ੍ਰਭੂ-ਪਤੀ ਦਾ ਮਿਲਾਪ ਕਰਾਵਾ ਦਿਓ।)
1567	38	ਸਭੁ ਉਪਾਏ ਆਪੇ ਵੇਖੈ ਕਿਸੁ ਨੇੜੈ ਕਿਸੁ ਦੂਰਿ॥		Sabh Oupaaeae Aapae Vaekhai Kis Naerrai Kis Dhoor ||	He created all, and He Himself watches over us. Some are close to Him, and some are far away.	ਪ੍ਰਭੂ ਆਪ ਹੀ ਸਾਰਾ ਜਗਤ ਪੈਦਾ ਕਰਦਾ ਹੈ ਤੇ (ਸਭ ਦੀ) ਸੰਭਾਲ ਕਰਦਾ ਹੈ, ਹਰੇਕ ਜੀਵ ਵਿਚ ਇਕ ਸਮਾਨ ਮੌਜੂਦ ਹੈ।
1568	38	ਜਿਨਿ ਪਿਰੁ ਸੰਗੇ ਜਾਣਿਆ ਪਿਰੁ ਰਾਵੇ ਸਦਾ ਹਦੂਰਿ॥੧॥		Jin Pir Sangae Jaaniaa Pir Raavae Sadhaa Hadhoor ||1||	She who knows her Husband Lord to be always with her, enjoys His Constant Presence. ||1||	ਜਿਸ (ਜੀਵ-ਇਸਤ੍ਰੀ) ਨੇ (ਗੁਰੂ ਦੀ ਸਰਨ ਪੈ ਕੇ) ਉਸ ਪ੍ਰਭੂ-ਪਤੀ ਨੂੰ ਆਪਣੇ ਅੰਗ-ਸੰਗ ਜਾਣ ਲਿਆ ਹੈ, ਉਹ ਉਸ ਹਾਜ਼ਰ-ਨਾਜ਼ਰ ਵੱਸਦੇ ਨੂੰ ਸਦਾ ਹਿਰਦੇ ਵਿਚ ਵਸਾਂਦੀ ਹੈ ॥੧॥
1569	38	ਮੁੰਧੇ ਤੂ ਚਲੁ ਗੁਰ ਕੈ ਭਾਇ॥		Mundhhae Thoo Chal Gur Kai Bhaae ||	O woman, you must walk in harmony with the Guru's Will.	ਹੇ ਜੀਵ-ਇਸਤ੍ਰੀਏ! ਤੂੰ ਗੁਰੂ ਦੇ ਪ੍ਰੇਮ ਵਿਚ (ਰਹਿ ਕੇ ਜੀਵਨ-ਸਫ਼ਰ ਤੇ) ਤੁਰ।

1570	38	ਅਨ ਦਿਨੁ ਰਾਵਹਿ ਪਿਰੁ ਆਪਣਾ ਸਹਜੇ ਸਚਿ ਸਮਾਇ॥੧॥ਰਹਾਉ॥		Anadhin Raavehi Pir Aapanaa Sehajae Sach Samaae ||1|| Rehaao ||	Night and day, you shall enjoy your Husband, and you shall intuitively merge into the True One. ||1||Pause||	(ਜੇਹੜੀਆਂ ਜੀਵ-ਇਸਤ੍ਰੀਆਂ ਗੁਰੂ ਦੇ ਪ੍ਰੇਮ ਵਿਚ ਤੁਰਦੀਆਂ ਹਨ ਉਹ) ਆਤਮਕ ਅਡੋਲਤਾ ਦੀ ਰਾਹੀਂ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਕੇ ਹਰ ਵੇਲੇ ਆਪਣੇ ਪ੍ਰਭੂ-ਪਤੀ ਨੂੰ ਮਿਲੀਆਂ ਰਹਿੰਦੀਆਂ ਹਨ ॥੧॥ ਰਹਾਉ ॥
1571	38	ਸਬਦਿ ਰਤੀਆ ਸੋਹਾਗਣੀ ਸਚੈ ਸਬਦਿ ਸੀਗਾਰਿ॥		Sabadh Ratheeaa Sohaaganee Sachai Sabadh Seegaar ||	Attuned to the Shabad, the happy soul-brides are adorned with the True Word of the Shabad.	ਜੇਹੜੀਆਂ ਜੀਵ-ਇਸਤ੍ਰੀਆਂ ਗੁਰੂ ਦੇ ਸ਼ਬਦ ਵਿਚ ਰੰਗੀਆਂ ਰਹਿੰਦੀਆਂ ਹਨ, ਉਹ ਭਾਗਾਂ ਵਾਲੀਆਂ ਹੋ ਜਾਂਦੀਆਂ ਹਨ, ਉਹ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਨਾਲ ਆਪਣੇ ਜੀਵਨ ਨੂੰ ਸੰਵਾਰ ਲੈਂਦੀਆਂ ਹਨ।
1572	38	ਹਰਿ ਵਰੁ ਪਾਇਨਿ ਘਰਿ ਆਪਣੈ ਗੁਰ ਕੈ ਹੇਤਿ ਪਿਆਰਿ॥		Har Var Paaein Ghar Aapanai Gur Kai Haeth Piaar ||	Within their own home, they obtain the Lord as their Husband, with love for the Guru.	ਉਹ (ਆਪਣੇ) ਗੁਰੂ ਦੇ ਪ੍ਰੇਮ ਵਿਚ, ਪਿਆਰ ਵਿਚ ਟਿਕ ਕੇ ਪ੍ਰਭੂ-ਪਤੀ ਨੂੰ ਆਪਣੇ ਹਿਰਦੇ-ਘਰ ਵਿਚ ਲੱਭ ਲੈਂਦੀਆਂ ਹਨ।
1573	38	ਸੇਜ ਸੁਹਾਵੀ ਹਰਿ ਰੰਗਿ ਰਵੈ ਭਗਤਿ ਭਰੇ ਭੰਡਾਰ॥	(ਸੁਹਾਵੀ) ਸੋਭਨੀਕ। (ਰਵੈ) ਜਪਣਾ	Saej Suhaavee Har Rang Ravai Bhagath Bharae Bhanddaar ||	Upon her beautiful and cozy bed, she enjoys the Love of her Lord. She is overflowing with the treasure of devotion.	ਪ੍ਰਭੂ (-ਪਤੀ) ਉਹਨਾਂ ਦੀ ਸੋਹਣੀ ਹਿਰਦੇ-ਸੇਜ ਉਤੇ ਪ੍ਰੇਮ ਨਾਲ ਆ ਪ੍ਰਗਟਦਾ ਹੈ। ਉਹਨਾਂ ਪਾਸ ਭਗਤੀ ਦੇ ਖ਼ਜ਼ਾਨੇ ਭਰ ਜਾਂਦੇ ਹਨ।

1574	38	ਸੋ ਪ੍ਰਭੁ ਪ੍ਰੀਤਮੁ ਮਨਿ ਵਸੈ ਜਿ ਸਭਸੈ ਦੇਇ ਅਧਾਰੁ॥੨॥		So Prabh Preetham Man Vasai J Sabhasai Dhaee Adhhaar ||2||	That Beloved God abides in her mind; He gives His Support to all. ||2||	ਉਹਨਾਂ ਦੇ ਮਨ ਵਿਚ ਉਹ ਪ੍ਰੀਤਮ ਪ੍ਰਭੂ ਆ ਵਸਦਾ ਹੈ, ਜੇਹੜਾ ਹਰੇਕ ਜੀਵ ਨੂੰ ਆਸਰਾ ਦੇ ਰਿਹਾ ਹੈ ॥੨॥
1575	38	ਪਿਰੁ ਸਾਲਾਹਨਿ ਆਪਣਾ ਤਿਨ ਕੈ ਹਉ ਸਦ ਬਲਿਹਾਰੈ ਜਾਉ॥		Pir Saalaahan Aapanaa Thin Kai Ho Sadh Balihaarai Jaao ||	I am forever a sacrifice to those who praise their Husband Lord.	ਜੇਹੜੀਆਂ ਜੀਵ-ਇਸਤ੍ਰੀਆਂ ਆਪਣੇ ਪ੍ਰਭੂ-ਪਤੀ ਦੀ ਸਿਫ਼ਤ-ਸਾਲਾਹ ਕਰਦੀਆਂ ਹਨ, ਮੈਂ ਉਹਨਾਂ ਤੋਂ ਸਦਾ ਕੁਰਬਾਨ ਜਾਂਦੀ ਹਾਂ।
1576	38	ਮਨੁ ਤਨੁ ਅਰਪੀ ਸਿਰੁ ਦੇਈ ਤਿਨ ਕੈ ਲਾਗਾ ਪਾਇ॥		Man Than Arapee Sir Dhaeee Thin Kai Laagaa Paae ||	I dedicate my mind and body to them, and give my head as well; I fall at their feet.	ਮੈਂ ਉਹਨਾਂ ਅੱਗੇ ਆਪਣਾ ਤਨ ਭੇਟਾ ਕਰਦੀ ਹਾਂ, ਮੈਂ (ਉਹਨਾਂ ਦੇ ਚਰਨਾਂ ਵਿਚ) ਆਪਣਾ ਸਿਰ ਧਰਦੀ ਹਾਂ, ਮੈਂ ਉਹਨਾਂ ਦੇ ਚਰਨੀਂ ਲੱਗਦੀ ਹਾਂ,
1577	38	ਜਿਨੀ ਇਕੁ ਪਛਾਣਿਆ ਦੂਜਾ ਭਾਉ ਚੁਕਾਇ॥		Jinee Eik Pashhaaniaa Dhoojaa Bhaao Chukaae ||	Those who recognize the One renounce the love of duality.	ਕਿਉਂਕਿ ਉਹਨਾਂ ਜਿਹਨਾ ਨੇ ਮਾਇਆ ਦਾ ਪਿਆਰ (ਆਪਣੇ ਅੰਦਰੋਂ) ਦੂਰ ਕਰ ਕੇ ਸਿਰਫ਼ ਪ੍ਰਭੂ-ਪਤੀ ਨਾਲ ਜਾਣ-ਪਛਾਣ ਪਾ ਲਈ ਹੈ।
1578	38	ਗੁਰਮੁਖਿ ਨਾਮੁ ਪਛਾਣੀਐ ਨਾਨਕ ਸਚਿ ਸਮਾਇ॥੩॥੨੯॥੬੨॥		Guramukh Naam Pashhaaneeai Naanak Sach Samaae ||3||29||62||	The Gurmukh recognizes the Naam, O Nanak, and is absorbed into the True One. ||3||29||62||	ਹੇ ਨਾਨਕ! ਗੁਰੂ ਦੇ ਸਨਮੁਖ ਹੋ ਕੇ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਕੇ ਉਸ ਦੇ ਨਾਮ ਨਾਲ ਜਾਣ-ਪਛਾਣ ਪੈ ਸਕਦੀ ਹੈ ॥੩॥੨੯॥੬੨॥

1579	38	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1580	38	ਹਰਿ ਜੀ ਸਚਾ ਸਚੁ ਤੂ ਸਭੁ ਕਿਛੁ ਤੇਰੈ ਚੀਰੈ॥	(ਚੀਰੈ) ਲੇਖੇ	Har Jee Sachaa Sach Thoo Sabh Kishh Thaerai Cheerai ||	O Dear Lord, You are the Truest of the True. All things are in Your Power.	ਹੇ ਪ੍ਰਭੂ ਜੀ! ਤੂੰ (ਹੀ) ਸਦਾ-ਥਿਰ ਰਹਿਣ ਵਾਲਾ ਹੈਂ। ਹੋਰ ਸਾਰਾ ਜਗਤ ਤੇਰੇ ਵੱਸ ਵਿਚ ਹੈ।
1581	38	ਲਖ ਚਉਰਾਸੀਹ ਤਰਸਦੇ ਫਿਰੇ ਬਿਨੁ ਗੁਰ ਭੇਟੇ ਪੀਰੈ॥	(ਭੇਟੇ) ਮਿਲੇ। (ਪੀਰੈ) ਪੀੜਾ। ਲੱਖ	Lakh Chouraaseeh Tharasadhae Firae Bin Gur Bhaettae Peerai ||	The 8.4 million species of beings wander around searching for You, but without the Guru, they do not find You.	(ਪਰ ਤੂੰ ਮਿਲਦਾ ਹੈਂ ਗੁਰੂ ਦੀ ਰਾਹੀਂ) ਗੁਰੂ-ਪੀਰ ਨੂੰ ਮਿਲਣ ਤੋਂ ਬਿਨਾ (ਭਾਵ, ਗੁਰੂ ਦੀ ਸਰਨ ਪੈਣ ਤੋਂ ਬਿਨਾ) ਚੌਰਾਸੀ ਲੱਖ ਜੂਨਾਂ ਦੇ ਜੀਵ (ਤੇਰੇ ਦਰਸਨ ਨੂੰ) ਤਰਸਦੇ ਫਿਰਦੇ ਹਨ।
1582	38	ਹਰਿ ਜੀਉ ਬਖਸੇ ਬਖਸਿ ਲਏ ਸੂਖ ਸਦਾ ਸਰੀਰੈ॥		Har Jeeo Bakhasae Bakhas Leae Sookh Sadhaa Sareerai ||	When the Dear Lord grants His Forgiveness, this human body finds lasting peace.	ਜਿਸ ਜੀਵ ਉੱਤੇ ਪਰਮਾਤਮਾ ਆਪ ਮਿਹਰ ਕਰਦਾ ਹੈ ਬਖ਼ਸ਼ਸ਼ ਕਰਦਾ ਹੈ, ਉਸ ਦੇ ਹਿਰਦੇ ਵਿਚ ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ।
1583	38	ਗੁਰ ਪਰਸਾਦੀ ਸੇਵ ਕਰੀ ਸਚੁ ਗਹਿਰ ਗੰਭੀਰੈ॥੧॥	(ਗਹਿਰ) ਨਿਰਹੱਲ। (ਗੰਭੀਰੈ) ਡੂੰਘੇ	Gur Parasaadhee Saev Karee Sach Gehir Ganbheerai ||1||	By Guru's Grace, I serve the True One, who is Immeasurably Deep and Profound. ||1||	(ਮੇਰੇ ਅੰਦਰ ਭੀ ਤਾਂਘ ਹੈ ਕਿ) ਮੈਂ ਗੁਰੂ ਦੀ ਮਿਹਰ ਨਾਲ ਸਦਾ-ਥਿਰ ਤੇ ਡੂੰਘੇ ਜਿਗਰੇ ਵਾਲੇ ਪਰਮਾਤਮਾ ਦਾ ਸਿਮਰਨ ਕਰਦਾ ਰਹਾਂ ॥੧॥
1584	38	ਮਨ ਮੇਰੇ ਨਾਮਿ ਰਤੇ ਸੁਖੁ ਹੋਇ॥		Man Maerae Naam Rathae Sukh Hoe ||	O my mind, attuned to the Naam, you shall find peace.	ਹੇ ਮੇਰੇ ਮਨ! ਜੇ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਵੀਏ, ਤਾਂ ਆਤਮਕ ਆਨੰਦ ਮਿਲਦਾ ਹੈ।

1585	38	ਗੁਰਮਤੀ ਨਾਮੁ ਸਲਾਹੀਐ ਦੂਜਾ ਅਵਰੁ ਨ ਕੋਇ॥੧॥ਰਹਾਉ॥		Guramathee Naam Salaaheeai Dhoojaa Avar N Koe ||1|| Rehaao ||	Follow the Guru's Teachings, and praise the Naam; there is no other at all. ||1||Pause||	(ਪਰ) ਗੁਰੂ ਦੀ ਮਤਿ ਤੇ ਤੁਰ ਕੇ ਹੀ ਪਰਮਾਤਮਾ ਦਾ ਨਾਮ ਸਲਾਹੁਣਾ ਚਾਹੀਦਾ ਹੈ। (ਨਾਮ ਸਿਮਰਨ ਦਾ) ਹੋਰ ਕੋਈ ਤਰੀਕਾ ਨਹੀਂ ਹੈ ॥੧॥ ਰਹਾਉ ॥
1586	38	ਧਰਮਰਾਇ ਨੋ ਹੁਕਮੁ ਹੈ ਬਹਿ ਸਚਾ ਧਰਮੁ ਬੀਚਾਰਿ॥		Dhharam Raae No Hukam Hai Behi Sachaa Dhharam Beechaar ||	The Righteous Judge of Dharma, by the Hukam of God's Command, sits and administers True Justice.	ਧਰਮਰਾਜ ਨੂੰ (ਭੀ ਪਰਮਾਤਮਾ ਦਾ) ਹੁਕਮ ਹੈ (ਹੇ ਧਰਮਰਾਜ! ਤੂੰ) ਬੈਠ ਕੇ (ਇਹ) ਅਟੱਲ ਧਰਮ (-ਨਿਆਂ) ਚੇਤੇ ਰੱਖ,
1587	38	ਦੂਜੈ ਭਾਇ ਦੁਸਟੁ ਆਤਮਾ ਓਹੁ ਤੇਰੀ ਸਰਕਾਰ॥	(ਸਰਕਾਰ) ਪਰਜਾ	Dhoojai Bhaae Dhusatt Aathamaa Ouhu Thaeree Sarakaar ||	Those evil souls, ensnared by the love of duality, are subject to Your Command.	ਕਿ ਉਹ ਵਿਕਾਰੀ ਮਨੁੱਖ ਤੇਰੀ ਰਈਅਤ ਹੈ ਜੇਹੜਾ ਮਾਇਆ ਦੇ ਪਿਆਰ ਵਿਚ (ਫਸਿਆ ਰਹਿੰਦਾ) ਹੈ।
1588	38	ਅਧਿਆਤਮੀ ਹਰਿ ਗੁਣ ਤਾਸੁ ਮਨਿ ਜਪਹਿ ਏਕੁ ਮੁਰਾਰਿ॥	(ਅਧਿਆਤਮੀ) ਵਾਹਿਗੁਰੂ ਜੀ ਦੀ ਪ੍ਰਾਪਤੀ ਵਾਲੇ। (ਮੁਰਾਰਿ) ਵਾਹਿਗੁਰੂ ਜੀ	Adhhiaathamee Har Gun Thaas Man Japehi Eaek Muraar ||	The souls on their spiritual journey chant and meditate within their minds on the One Lord, the Treasure of Excellence.	ਆਤਮਕ ਜੀਵਨ ਵਾਲੇ ਬੰਦਿਆਂ ਦੇ ਮਨ ਵਿਚ ਗੁਣਾਂ ਦਾ ਖ਼ਜਾਨਾ ਪਰਮਾਤਮਾ ਆਪ ਵੱਸਦਾ ਹੈ, ਉਹ ਪਰਮਾਤਮਾ ਨੂੰ ਹੀ ਸਿਮਰਦੇ ਰਹਿੰਦੇ ਹਨ।

1589	39	ਤਿਨ ਕੀ ਸੇਵਾ ਧਰਮਰਾਇ ਕਰੈ ਧੰਨੁ ਸਵਾਰਣਹਾਰੁ॥੨॥	ਸਵਾਰਣ ਵਾਲੇ (ਸਵਾਰਣਹਾਰੁ) ਵਾਹਿਗੁਰੂ ਜੀ ਧੰਨੁ ਹਨ	Thin Kee Saevaa Dhharam Raae Karai Dhann Savaaranehaar ||2||	The Righteous Judge of Dharma serves them; blessed is the Lord who adorns them. ||2||	ਧਰਮਰਾਜ (ਭੀ) ਉਹਨਾਂ ਬੰਦਿਆਂ ਦੀ ਸੇਵਾ ਕਰਦਾ ਹੈ। ਧੰਨ ਹੈ ਉਹ ਪਰਮਾਤਮਾ ਜੋ (ਆਪਣੇ ਸੇਵਕਾਂ ਦਾ ਜੀਵਨ ਇਤਨਾ) ਸੋਹਣਾ ਬਣਾ ਦੇਂਦਾ ਹੈ (ਕਿ ਧਰਮਰਾਜ ਭੀ ਉਹਨਾਂ ਦਾ ਆਦਰ ਕਰਦਾ ਹੈ) ॥੨॥
1590	39	ਮਨ ਕੇ ਬਿਕਾਰ ਮਨਹਿ ਤਜੈ ਮਨਿ ਚੂਕੈ ਮੋਹੁ ਅਭਿਮਾਨੁ॥	(ਤਜੈ) ਤਿਆਗੇ	Man Kae Bikaar Manehi Thajai Man Chookai Mohu Abhimaan ||	One who eliminates mental wickedness from within the mind, and casts out emotional attachment and egotistical pride,	ਜੇਹੜਾ ਮਨੁੱਖ ਆਪਣੇ ਮਨ ਵਿਚੋਂ ਮਨ ਦੇ ਵਿਕਾਰ ਛੱਡ ਦੇਂਦਾ ਹੈ, ਜਿਸ ਦੇ ਮਨ ਵਿਚੋਂ ਮਾਇਆ ਦਾ ਮੋਹ ਤੇ ਅਹੰਕਾਰ ਦੂਰ ਹੋ ਜਾਂਦਾ ਹੈ,
1591	39	ਆਤਮ ਰਾਮੁ ਪਛਾਣਿਆ ਸਹਜੇ ਨਾਮਿ ਸਮਾਨੁ॥		Aatham Raam Pashhaaniaa Sehajae Naam Samaan ||	Comes to recognize the All-pervading Soul, and is intuitively absorbed into the Naam.	ਉਹ ਸਰਬ-ਵਿਆਪਕ ਪਰਮਾਤਮਾ ਨਾਲ ਜਾਣ-ਪਛਾਣ ਪਾ ਲੈਂਦਾ ਹੈ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੇ ਨਾਮ ਵਿਚ ਲੀਨਤਾ ਹਾਸਲ ਕਰ ਲੈਂਦਾ ਹੈ।
1592	39	ਬਿਨੁ ਸਤਿਗੁਰ ਮੁਕਤਿ ਨ ਪਾਈਐ ਮਨਮੁਖਿ ਫਿਰੈ ਦਿਵਾਨੁ॥	(ਦਿਵਾਨੁ) ਝੱਲਾ	Bin Sathigur Mukath N Paaeeai Manamukh Firai Dhivaan ||	Without the True Guru, the self-willed manmukhs do not find liberation; they wander around like lunatics.	(ਪਰ) ਗੁਰੂ ਦੀ ਸਰਨ ਤੋਂ ਬਿਨਾ (ਵਿਕਾਰਾਂ ਤੋਂ) ਖ਼ਲਾਸੀ ਨਹੀਂ ਹੋ ਸਕਦੀ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੰਦਾ (ਵਿਕਾਰਾਂ ਦੇ ਪਿੱਛੇ) ਪਾਗਲ ਹੋਇਆ ਫਿਰਦਾ ਹੈ।

1593	39	ਸਬਦੁ ਨ ਚੀਨੈ ਕਥਨੀ ਬਦਨੀ ਕਰੇ ਬਿਖਿਆ ਮਾਹਿ ਸਮਾਨੁ॥੩॥	(ਚੀਨੈ) ਪਛਾਣਦਾ। (ਕਥਨੀ ਬਦਨੀ) ਗੱਲਾਂ ਬਾਤਾਂ। (ਸਮਾਨੁ) ਸਮਾਇਆ	Sabadh N Cheenai Kathhanee Badhanee Karae Bikhiaa Maahi Samaan ||3||	They do not contemplate the Shabad; engrossed in corruption, they utter only empty words. ||3||	ਉਹ ਗੁਰੂ ਦੇ ਸ਼ਬਦ (ਦੀ ਕਦਰ) ਨੂੰ ਨਹੀਂ ਸਮਝਦਾ। ਉਹ (ਜ਼ਬਾਨੀ ਜ਼ਬਾਨੀ ਧਾਰਮਿਕ) ਗੱਲਾਂ ਪਿਆ ਕਰੇ, ਪਰ ਉਹ ਮਾਇਆ ਦੇ ਮੋਹ ਵਿਚ ਹੀ ਗ਼ਰਕ ਰਹਿੰਦਾ ਹੈ ॥੩॥
1594	39	ਸਭੁ ਕਿਛੁ ਆਪੇ ਆਪਿ ਹੈ ਦੂਜਾ ਅਵਰੁ ਨ ਕੋਇ॥		Sabh Kishh Aapae Aap Hai Dhoojaa Avar N Koe ||	He Himself is everything; there is no other at all.	(ਜੀਵਾਂ ਦੇ ਭੀ ਕੀਹ ਵੱਸ?) ਪਰਮਾਤਮਾ ਆਪ ਹੀ ਸਭ ਕੁਝ ਕਰਨ ਕਰਾਵਣ ਜੋਗਾ ਹੈ, ਹੋਰ ਕੋਈ ਜੀਵ ਦਮ ਨਹੀਂ ਮਾਰ ਸਕਦਾ।
1595	39	ਜਿਉ ਬੋਲਾਏ ਤਿਉ ਬੋਲੀਐ ਜਾ ਆਪਿ ਬੁਲਾਏ ਸੋਇ॥		Jio Bolaaeae Thio Boleeai Jaa Aap Bulaaeae Soe ||	I speak just as He makes me speak, when He Himself makes me speak.	(ਆਪਣੀ ਸਿਫ਼ਤ-ਸਾਲਾਹ ਉਹ ਆਪ ਹੀ ਕਰਾਂਦਾ ਹੈ) ਜਿਵੇਂ ਪਰਮਾਤਮਾ ਬੋਲਣ ਦੀ ਪ੍ਰੇਰਨਾ ਕਰੇ ਤਿਵੇਂ ਹੀ ਜੀਵ ਬੋਲ ਸਕਦਾ ਹੈ (ਜੀਵ ਤਦੋਂ ਹੀ ਸਿਫ਼ਤ-ਸਾਲਾਹ ਕਰ ਸਕਦਾ ਹੈ) ਜਦੋਂ ਉਹ ਪਰਮਾਤਮਾ ਆਪ ਪ੍ਰੇਰਨਾ ਕਰਦਾ ਹੈ।
1596	39	ਗੁਰਮੁਖਿ ਬਾਣੀ ਬ੍ਰਹਮੁ ਹੈ ਸਬਦਿ ਮਿਲਾਵਾ ਹੋਇ॥		Guramukh Baanee Breham Hai Sabadh Milaavaa Hoe ||	The Word of the Gurmukh is God Himself. Through the Shabad, we merge in Him.	ਗੁਰੂ ਦੀ ਸਰਨ ਪੈ ਕੇ ਸਿਫ਼ਤ-ਸਾਲਾਹ ਦੀ ਬਾਣੀ ਵਿਚ ਜੁੜਿਆਂ ਪ੍ਰਭੂ ਮਿਲਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ (ਹੀ ਪ੍ਰਭੂ ਨਾਲ) ਮਿਲਾਪ ਹੁੰਦਾ ਹੈ।

1597	39	ਨਾਨਕ ਨਾਮੁ ਸਮਾਲਿ ਤੂ ਜਿਤੁ ਸੇਵਿਐ ਸੁਖੁ ਹੋਇ॥੪॥੩੦॥੬੩॥		Naanak Naam Samaal Thoo Jith Saeviai Sukh Hoe ||4||30||63||	O Nanak, remember the Naam; serving Him, peace is obtained. ||4||30||63||	ਹੇ ਨਾਨਕ! (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਨਾਮ ਨੂੰ ਹਿਰਦੇ ਵਿਚ ਸੰਭਾਲ, ਇਸ ਨਾਮ ਦੇ ਸਿਮਰਨ ਨਾਲ ਹੀ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ॥੪॥੩੦॥੬੩॥{38-39}
1598	39	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
1599	39	ਜਗਿ ਹਉਮੈ ਮੈਲੁ ਦੁਖੁ ਪਾਇਆ ਮਲੁ ਲਾਗੀ ਦੂਜੈ ਭਾਇ॥		Jag Houmai Mail Dhukh Paaeiaa Mal Laagee Dhoojai Bhaae ||	The world is polluted with the filth of egotism, suffering in pain. This filth sticks to them because of their love of duality.	ਜਗਤ ਨੇ ਹਉਮੈ ਦੀ ਮੈਲ (ਦੇ ਕਾਰਨ ਸਦਾ) ਦੁੱਖ (ਹੀ) ਸਹਾਰਿਆ ਹੈ (ਕਿਉਂਕਿ) ਮਾਇਆ ਵਿਚ ਪਿਆਰ ਦੇ ਕਾਰਨ ਜਗਤ ਨੂੰ (ਵਿਕਾਰਾਂ ਦੀ) ਮੈਲ ਚੰਬੜੀ ਰਹਿੰਦੀ ਹੈ।
1600	39	ਮਲੁ ਹਉਮੈ ਧੋਤੀ ਕਿਵੈ ਨ ਉਤਰੈ ਜੇ ਸਉ ਤੀਰਥ ਨਾਇ॥	ਨ੍ਹਾਇ	Mal Houmai Dhhothee Kivai N Outharai Jae So Theerathh Naae ||	This filth of egotism cannot be washed away, even by taking cleansing baths at hundreds of sacred shrines.	ਜੇ ਮਨੁੱਖ ਸੌ ਤੀਰਥਾਂ ਉੱਤੇ (ਭੀ) ਇਸ਼ਨਾਨ ਕਰੇ ਤਾਂ ਭੀ (ਅਜੇਹੇ) ਕਿਸੇ ਤਰੀਕੇ ਨਾਲ (ਇਹ) ਹਉਮੈ ਦੀ ਮੈਲ ਧੋਤਿਆਂ (ਮਨ ਤੋਂ) ਦੂਰ ਨਹੀਂ ਹੁੰਦੀ।
1601	39	ਬਹੁ ਬਿਧਿ ਕਰਮ ਕਮਾਵਦੇ ਦੂਣੀ ਮਲੁ ਲਾਗੀ ਆਇ॥	ਬਿਧਿ: ਪੋਲਾ ਬੋਲੋ	Bahu Bidhh Karam Kamaavadhae Dhoonee Mal Laagee Aae ||	Performing all sorts of rituals, people are smeared with twice as much filth.	ਲੋਕ ਕਈ ਕਿਸਮਾਂ ਦੇ (ਮਿਥੇ ਹੋਏ) ਧਾਰਮਿਕ ਕੰਮ ਕਰਦੇ ਹਨ, (ਇਸ ਤਰ੍ਹਾਂ ਸਗੋਂ ਅੱਗੇ ਨਾਲੋਂ) ਦੂਣੀ (ਹਉਮੈ ਦੀ) ਮੈਲ ਆ ਲਗਦੀ ਹੈ।

1602	39	ਪੜਿਐ ਮੈਲੁ ਨ ਉਤਰੈ ਪੂਛਹੁ ਗਿਆਨੀਆ ਜਾਇ॥੧॥		Parriai Mail N Outharai Pooshhahu Giaaneeaa Jaae ||1||	This filth is not removed by studying. Go ahead, and ask the wise ones. ||1||	(ਵਿੱਦਿਆ ਆਦਿਕ) ਪੜ੍ਹਨ ਨਾਲ ਭੀ ਇਹ ਮੈਲ ਦੂਰ ਨਹੀਂ ਹੁੰਦੀ, ਬੇਸ਼ੱਕ ਪੜ੍ਹੇ ਹੋਏ ਬੰਦਿਆਂ ਨੂੰ ਜਾ ਕੇ ਪੁੱਛ ਲਵੋ (ਭਾਵ, ਪੜ੍ਹੇ ਹੋਏ ਲੋਕਾਂ ਨੂੰ ਵਿੱਦਿਆ ਪੜ੍ਹਨ ਦਾ ਮਾਣ ਹੀ ਬਣਿਆ ਰਹਿੰਦਾ ਹੈ) ॥੧॥
1603	39	ਮਨ ਮੇਰੇ ਗੁਰ ਸਰਣਿ ਆਵੈ ਤਾ ਨਿਰਮਲੁ ਹੋਇ॥		Man Maerae Gur Saran Aavai Thaa Niramal Hoe ||	O my mind, coming to the Sanctuary of the Guru, you shall become immaculate and pure.	ਹੇ ਮੇਰੇ ਮਨ! (ਜਦੋਂ ਮਨੁੱਖ) ਗੁਰੂ ਦੀ ਸਰਨ ਆਉਂਦਾ ਹੈ ਤਦੋਂ (ਹੀ) ਪਵਿਤ੍ਰ ਹੁੰਦਾ ਹੈ।
1604	39	ਮਨਮੁਖ ਹਰਿ ਹਰਿ ਕਰਿ ਥਕੇ ਮੈਲੁ ਨ ਸਕੀ ਧੋਇ॥੧॥ਰਹਾਉ॥	ਥੱਕੇ	Manamukh Har Har Kar Thhakae Mail N Sakee Dhhoe ||1|| Rehaao ||	The self-willed manmukhs have grown weary of chanting the Name of the Lord, Har, Har, but their filth cannot be removed. ||1||Pause||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਰਾਮ ਰਾਮ ਆਖ ਆਖ ਕੇ ਥੱਕ ਜਾਂਦੇ ਹਨ (ਫਿਰ ਭੀ ਹਉਮੈ ਦੀ) ਮੈਲ (ਉਹਨਾਂ ਪਾਸੋਂ) ਧੋਤੀ ਨਹੀਂ ਜਾ ਸਕਦੀ ॥੧॥ ਰਹਾਉ ॥
1605	39	ਮਨਿ ਮੈਲੈ ਭਗਤਿ ਨ ਹੋਵਈ ਨਾਮੁ ਨ ਪਾਇਆ ਜਾਇ॥		Man Mailai Bhagath N Hovee Naam N Paaeiaa Jaae ||	With a polluted mind, devotional service cannot be performed, and the Naam, the Name of the Lord, cannot be obtained.	ਹਉਮੈ ਦੀ ਮੈਲ ਨਾਲ ਭਰੇ ਹੋਏ ਮਨ ਦੀ ਰਾਹੀਂ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ, (ਇਸ ਤਰ੍ਹਾਂ) ਪਰਮਾਤਮਾ ਦਾ ਨਾਮ ਹਾਸਲ ਨਹੀਂ ਹੁੰਦਾ (ਹਿਰਦੇ ਵਿਚ ਟਿਕ ਨਹੀਂ ਸਕਦਾ)।

1606	39	ਮਨਮੁਖ ਮੈਲੇ ਮੈਲੇ ਮੁਏ ਜਾਸਨਿ ਪਤਿ ਗਵਾਇ॥	ਪਤਿ:ਪੋਲਾ ਬੋਲੋ। (ਪਤਿ) ਇੱਜ਼ਤ	Manamukh Mailae Mailae Mueae Jaasan Path Gavaae ||	The filthy, self-willed manmukhs die in filth, and they depart in disgrace.	ਆਪਣੇ ਮਨ ਦੇ ਪਿਛੇ ਤੁਰਨ ਵਾਲੇ ਬੰਦੇ ਸਦਾ ਹਉਮੈ ਦੇ ਕਾਰਨ ਮਲੀਨ-ਮਨ ਰਹਿੰਦੇ ਹਨ, ਤੇ ਆਤਮਕ ਮੌਤੇ ਮਰੇ ਰਹਿੰਦੇ ਹਨ, (ਉਹ ਦੁਨੀਆ ਤੋਂ) ਇੱਜ਼ਤ ਗਵਾ ਕੇ ਹੀ ਜਾਣਗੇ।
1607	39	ਗੁਰ ਪਰਸਾਦੀ ਮਨਿ ਵਸੈ ਮਲੁ ਹਉਮੈ ਜਾਇ ਸਮਾਇ॥		Gur Parasaadhee Man Vasai Mal Houmai Jaae Samaae ||	By Guru's Grace, the Lord comes to abide in the mind, and the filth of egotism is dispelled.	ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ, ਉਸ ਦੀ ਹਉਮੈ ਦੂਰ ਹੋ ਜਾਂਦੀ ਹੈ, ਉਹ (ਪ੍ਰਭੂ ਚਰਨਾਂ ਵਿਚ) ਲੀਨ ਰਹਿੰਦਾ ਹੈ।
1608	39	ਜਿਉ ਅੰਧੇਰੈ ਦੀਪਕੁ ਬਾਲੀਐ ਤਿਉ ਗੁਰ ਗਿਆਨਿ ਅਗਿਆਨੁ ਤਜਾਇ॥੨॥	(ਤਜਾਇ) ਦੂਰ ਹੁੰਦਾ। ਬੱਾਲੀਐ	Jio Andhhaerai Dheepak Baaleeai Thio Gur Giaan Agiaan Thajaae ||2||	Like a lamp lit in the darkness, the spiritual wisdom of the Guru dispels ignorance. ||2||	ਜਿਵੇਂ (ਜੇ) ਹਨੇਰੇ ਵਿਚ ਦੀਵਾ ਬਾਲ ਦੇਈਏ (ਤਾਂ ਹਨੇਰਾ ਦੂਰ ਹੋ ਜਾਂਦਾ ਹੈ) ਤਿਵੇਂ ਗੁਰੂ ਦੀ ਬਖ਼ਸ਼ੀ ਸਮਝ ਦੀ ਬਰਕਤਿ ਨਾਲ (ਹਉਮੈ-ਰੂਪ) ਬੇ-ਸਮਝੀ (ਦਾ ਹਨੇਰਾ) ਦੂਰ ਹੋ ਜਾਂਦਾ ਹੈ ॥੨॥
1609	39	ਹਮ ਕੀਆ ਹਮ ਕਰਹਗੇ ਹਮ ਮੂਰਖ ਗਾਵਾਰ॥		Ham Keeaa Ham Karehagae Ham Moorakh Gaavaar ||	"I have done this, and I will do that"-I am an idiotic fool for saying this!	(ਇਹ ਕੰਮ) 'ਅਸਾਂ' ਕੀਤਾ ਹੈ, 'ਅਸੀ' ਹੀ ਕਰ ਸਕਦੇ ਹਾਂ, (ਇਉਂ) 'ਅਸੀਂ ਅਸੀਂ' ਆਖਣ ਵਾਲੇ ਬੰਦੇ ਮੂਰਖ ਉਜੱਡ ਹੁੰਦੇ ਹਨ।

1610	39	ਕਰਣੈ ਵਾਲਾ ਵਿਸਰਿਆ ਦੂਜੈ ਭਾਇ ਪਿਆਰੁ॥		Karanai Vaalaa Visariaa Dhoojai Bhaae Piaar ||	I have forgotten the Doer of all; I am caught in the love of duality.	ਉਹਨਾਂ ਨੂੰ ਪੈਦਾ ਕਰਨ ਵਾਲਾ ਪਰਮਾਤਮਾ ਭੁੱਲਿਆ ਰਹਿੰਦਾ ਹੈ, ਉਹ ਸਦਾ ਮਾਇਆ ਵਿਚ ਹੀ ਪਿਆਰ ਪਾਈ ਰੱਖਦੇ ਹਨ।
1611	39	ਮਾਇਆ ਜੇਵਡੁ ਦੁਖੁ ਨਹੀ ਸਭਿ ਭਵਿ ਥਕੇ ਸੰਸਾਰੁ॥	(ਭਵਿ) ਭਟਕ	Maaeiaa Jaevadd Dhukh Nehee Sabh Bhav Thhakae Sansaar ||	There is no pain as great as the pain of Maya; it drives people to wander all around the world, until they become exhausted.	(ਦੁਨੀਆ ਵਿਚ) ਮਾਇਆ (ਦੇ ਮੋਹ) ਜੇਡਾ (ਹੋਰ ਕੋਈ) ਦੁੱਖ ਨਹੀਂ ਹੈ, ਮਾਇਆ ਦੇ ਮੋਹ ਵਿਚ ਫਸ ਕੇ ਸਾਰੇ ਜੀਵ (ਮਾਇਆ) ਦੀ ਖ਼ਾਤਰ ਭਟਕ ਭਟਕ ਕੇ ਖਪਦੇ ਰਹਿੰਦੇ ਹਨ।
1612	39	ਗੁਰਮਤੀ ਸੁਖੁ ਪਾਈਐ ਸਚੁ ਨਾਮੁ ਉਰ ਧਾਰਿ॥੩॥		Guramathee Sukh Paaeeai Sach Naam Our Dhhaar ||3||	Through the Guru's Teachings, peace is found, with the True Name enshrined in the heart. ||3||	ਗੁਰੂ ਦੀ ਮਤਿ ਉਤੇ ਤੁਰਿਆਂ ਸਦਾ-ਥਿਰ ਪਰਮਾਤਮਾ ਦਾ ਨਾਮ ਹਿਰਦੇ ਵਿਚ ਟਿਕਾ ਕੇ ਹੀ ਆਤਮਕ ਆਨੰਦ ਮਿਲਦਾ ਹੈ ॥੩॥
1613	39	ਜਿਸ ਨੋ ਮੇਲੇ ਸੋ ਮਿਲੈ ਹਉ ਤਿਸੁ ਬਲਿਹਾਰੈ ਜਾਉ॥		Jis No Maelae So Milai Ho This Balihaarai Jaao ||	I am a sacrifice to those who meet and merge with the Lord.	(ਪਰ ਜੀਵਾਂ ਦੇ ਭੀ ਕੀਹ ਵੱਸ?) ਜਿਸ (ਭਾਗਾਂ ਵਾਲੇ ਮਨੁੱਖ ਨੂੰ ਪ੍ਰਭੂ (ਆਪਣੇ ਚਰਨਾਂ ਵਿਚ) ਜੋੜਦਾ ਹੈ, ਉਹੀ ਪ੍ਰਭੂ ਨੂੰ ਮਿਲਦਾ ਹੈ। ਮੈਂ ਅਜੇਹੇ ਬੰਦੇ ਤੋਂ ਕੁਰਬਾਨ ਜਾਂਦਾ ਹਾਂ।

1614	39	ਏ ਮਨ ਭਗਤੀ ਰਤਿਆ ਸਚੁ ਬਾਣੀ ਨਿਜ ਥਾਉ॥	(ਨਿਜ) ਆਪਣੇ	Eae Man Bhagathee Rathiaa Sach Baanee Nij Thhaao ||	This mind is attuned to devotional worship; through the True Word of Gurbani, it finds its own home.	ਹੇ ਮਨ! (ਪ੍ਰਭੂ ਦੀ ਕਿਰਪਾ ਨਾਲ) ਜੇਹੜੇ ਮਨੁੱਖ ਪ੍ਰਭੂ ਦੀ ਭਗਤੀ (ਦੇ ਰੰਗ) ਵਿਚ ਰੰਗੇ ਜਾਂਦੇ ਹਨ, ਪ੍ਰਭੂ ਦਾ ਸਦਾ-ਥਿਰ ਨਾਮ ਹੀ ਜਿਨ੍ਹਾਂ ਦੀ ਬਾਣੀ ਬਣ ਜਾਂਦਾ ਹੈ, ਉਹਨਾਂ ਨੂੰ 'ਆਪਣਾ ਘਰ' ਲੱਭ ਪੈਂਦਾ ਹੈ (ਭਾਵ, ਉਹ ਸਦਾ ਉਸ ਆਤਮਕ ਟਿਕਾਣੇ ਤੇ ਟਿਕੇ ਰਹਿੰਦੇ ਹਨ, ਜਿਥੋਂ ਮਾਇਆ ਦਾ ਮੋਹ ਉਹਨਾਂ ਨੂੰ ਧੱਕਾ ਨਹੀਂ ਦੇ ਸਕਦਾ)।
1615	39	ਮਨਿ ਰਤੇ ਜਿਹਵਾ ਰਤੀ ਹਰਿ ਗੁਣ ਸਚੇ ਗਾਉ॥		Man Rathae Jihavaa Rathee Har Gun Sachae Gaao ||	With the mind so imbued, and the tongue imbued as well, sing the Glorious Praises of the True Lord.	ਉਹ ਆਪਣੇ ਮਨ ਵਿਚ (ਪਰਮਾਤਮਾ ਦੇ ਪ੍ਰੇਮ-ਰੰਗ ਨਾਲ) ਰੰਗੇ ਰਹਿੰਦੇ ਹਨ, ਉਹਨਾਂ ਦੀ ਜੀਭ ਨਾਮ-ਰਸ ਵਿਚ ਮਸਤ ਰਹਿੰਦੀ ਹੈ, ਉਹ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦੇ ਰਹਿੰਦੇ ਹਨ।
1616	39	ਨਾਨਕ ਨਾਮੁ ਨ ਵੀਸਰੈ ਸਚੇ ਮਾਹਿ ਸਮਾਉ॥੪॥੩੧॥੬੪॥		Naanak Naam N Veesarai Sachae Maahi Samaao ||4||31||64||	O Nanak, never forget the Naam; immerse yourself in the True One. ||4||31||64||	ਉਹਨਾਂ ਨੂੰ, ਹੇ ਨਾਨਕ! ਪਰਮਾਤਮਾ ਦਾ ਨਾਮ (ਕਦੇ) ਨਹੀਂ ਭੁੱਲਦਾ, ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦੇ ਹਨ ॥੪॥੩੧॥੬੪॥
1617	39	ਸਿਰੀਰਾਗੁ ਮਹਲਾ ੪ ਘਰੁ ੧॥		Sireeraag Mehalaa 4 Ghar 1 ||	Siree Raag, Fourth Mehl, First House:	

1618	39	ਮੈ ਮਨਿ ਤਨਿ ਬਿਰਹੁ ਅਤਿ ਅਗਲਾ ਕਿਉ ਪ੍ਰੀਤਮੁ ਮਿਲੈ ਘਰਿ ਆਇ॥	(ਬਿਰਹੁ) ਪ੍ਰੇਮ। (ਅਗਲਾ) ਬਹੁਤਾ	Mai Man Than Birahu Ath Agalaa Kio Preetham Milai Ghar Aae ||	Within my mind and body is the intense pain of separation; how can my Beloved come to meet me in my home?	ਮੇਰੇ ਮਨ ਵਿਚ ਸਰੀਰ ਵਿਚ (ਪ੍ਰੀਤਮ-ਪ੍ਰਭੂ ਦੇ) ਵਿਛੋੜੇ ਦਾ ਭਾਰੀ ਦਰਦ ਹੈ (ਮੇਰਾ ਮਨ ਤੜਪ ਰਿਹਾ ਹੈ ਕਿ) ਕਿਵੇਂ ਪ੍ਰੀਤਮ-ਪ੍ਰਭੂ ਮੇਰੇ ਹਿਰਦੇ-ਘਰ ਵਿਚ ਮੈਨੂੰ ਆ ਮਿਲੇ।
1619	39	ਜਾ ਦੇਖਾ ਪ੍ਰਭੁ ਆਪਣਾ ਪ੍ਰਭਿ ਦੇਖਿਐ ਦੁਖੁ ਜਾਇ॥		Jaa Dhaekhaa Prabh Aapanaa Prabh Dhaekhiai Dhukh Jaae ||	When I see my God, seeing God Himself, my pain is taken away.	ਜਦੋਂ ਮੈਂ ਪਿਆਰੇ ਪ੍ਰਭੂ ਦਾ ਦਰਸ਼ਨ ਕਰਦਾ ਹਾਂ, ਪ੍ਰਭੂ ਦਾ ਦਰਸ਼ਨ ਕੀਤਿਆਂ ਮੇਰਾ (ਵਿਛੋੜੇ ਦਾ) ਦੁੱਖ ਦੂਰ ਹੋ ਜਾਂਦਾ ਹੈ।
1620	39	ਜਾਇ ਪੁਛਾ ਤਿਨ ਸਜਣਾ ਪ੍ਰਭੁ ਕਿਤੁ ਬਿਧਿ ਮਿਲੈ ਮਿਲਾਇ॥੧॥	ਬਿਧਿ: ਪੋਲਾ ਬੋਲੋ	Jaae Pushhaa Thin Sajanaa Prabh Kith Bidhh Milai Milaae ||1||	I go and ask my friends, ""How can I meet and merge with God?""||1||	(ਜਿਨ੍ਹਾਂ ਸਤਸੰਗੀ ਸੱਜਣਾਂ ਨੇ ਪ੍ਰੀਤਮ-ਪ੍ਰਭੂ ਦਾ ਦਰਸ਼ਨ ਕੀਤਾ ਹੈ) ਮੈਂ ਉਹਨਾਂ ਸੱਜਣਾਂ ਨੂੰ ਜਾ ਕੇ ਪੁੱਛਦਾ ਹਾਂ ਕਿ ਪ੍ਰਭੂ ਕਿਸ ਤਰੀਕੇ ਨਾਲ ਮਿਲਾਇਆਂ ਮਿਲਦਾ ਹੈ ॥੧॥
1621	39	ਮੇਰੇ ਸਤਿਗੁਰਾ ਮੈ ਤੁਝ ਬਿਨੁ ਅਵਰੁ ਨ ਕੋਇ॥		Maerae Sathiguraa Mai Thujh Bin Avar N Koe ||	O my True Guru, without You I have no other at all.	ਹੇ ਮੇਰੇ ਸਤਿਗੁਰ! ਤੈਥੋਂ ਬਿਨਾ ਮੇਰਾ ਹੋਰ ਕੋਈ (ਸਹਾਰਾ) ਨਹੀਂ ਹੈ।

1622	39	ਹਮ ਮੂਰਖ ਮੁਗਧ ਸਰਣਾਗਤੀ ਕਰਿ ਕਿਰਪਾ ਮੇਲੇ ਹਰਿ ਸੋਇ॥੧॥ਰਹਾਉ॥	(ਮੁਗਧ) ਬੇਸਮਝ	Ham Moorakh Mugadhh Saranaagathee Kar Kirapaa Maelae Har Soe ||1|| Rehaao ||	I am foolish and ignorant; I seek Your Sanctuary. Please be Merciful and unite me with the Lord. ||1||Pause||	ਅਸੀਂ ਜੀਵ ਮੂਰਖ ਹਾਂ, ਅੰਞਾਣ ਹਾਂ, (ਪਰ) ਤੇਰੀ ਸਰਨ ਆਏ ਹਨ (ਜੇਹੜਾ ਭਾਗਾਂ ਵਾਲਾ ਗੁਰੂ ਦੀ ਸਰਨ ਆਉਂਦਾ ਹੈ ਉਸ ਨੂੰ) ਉਹ ਪਰਮਾਤਮਾ ਆਪ ਮਿਹਰ ਕਰ ਕੇ (ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈ ॥੧॥ ਰਹਾਉ ॥
1623	39	ਸਤਿਗੁਰੁ ਦਾਤਾ ਹਰਿ ਨਾਮ ਕਾ ਪ੍ਰਭੁ ਆਪਿ ਮਿਲਾਵੈ ਸੋਇ॥		Sathigur Dhaathaa Har Naam Kaa Prabh Aap Milaavai Soe ||	The True Guru is the Giver of the Name of the Lord. God Himself causes us to meet Him.	ਗੁਰੂ ਹਰਿ ਨਾਮ ਦੀ ਦਾਤ ਦੇਣ ਵਾਲਾ ਹੈ (ਜਿਸ ਨੂੰ ਗੁਰੂ ਪਾਸੋਂ ਇਹ ਦਾਤ ਮਿਲਦੀ ਹੈ ਉਸ ਨੂੰ) ਉਹ ਪ੍ਰਭੂ ਆਪ ਆਪਣੇ ਨਾਲ ਮਿਲਾ ਲੈਂਦਾ ਹੈ।
1624	39	ਸਤਿਗੁਰਿ ਹਰਿ ਪ੍ਰਭੁ ਬੁਝਿਆ ਗੁਰ ਜੇਵਡੁ ਅਵਰੁ ਨ ਕੋਇ॥	(ਬੁੱਝਿਆ) ਜਾਣਿਆ	Sathigur Har Prabh Bujhiaa Gur Jaevadd Avar N Koe ||	The True Guru understands the Lord God. There is no other as Great as the Guru.	ਗੁਰੂ ਨੇ ਹਰੀ ਪ੍ਰਭੂ ਨਾਲ ਡੂੰਘੀ ਸਾਂਝ ਪਾਈ ਹੋਈ ਹੈ (ਇਸ ਵਾਸਤੇ) ਗੁਰੂ ਜੇਡਾ (ਉੱਚੀ ਆਤਮਕ ਅਵਸਥਾ ਵਾਲਾ) ਹੋਰ ਕੋਈ ਨਹੀਂ।
1625	39	ਹਉ ਗੁਰ ਸਰਣਾਈ ਢਹਿ ਪਵਾ ਕਰਿ ਦਇਆ ਮੇਲੇ ਪ੍ਰਭੁ ਸੋਇ॥੨॥		Ho Gur Saranaaee Dtehi Pavaa Kar Dhaeiaa Maelae Prabh Soe ||2||	I have come and collapsed in the Guru's Sanctuary. In His Kindness, He has united me with God. ||2||	(ਮੇਰੀ ਇਹੀ ਤਾਂਘ ਹੈ ਕਿ) ਮੈਂ ਗੁਰੂ ਦੀ ਸਰਨ, ਆਪਾ-ਭਾਵ ਮਿਟਾ ਕੇ, ਆ ਪਵਾਂ। (ਗੁਰੂ ਦੀ ਸਰਨ ਪਿਆਂ ਹੀ) ਉਹ ਪ੍ਰਭੂ ਮਿਹਰ ਕਰ ਕੇ ਆਪਣੇ ਨਾਲ ਮਿਲਾ ਲੈਂਦਾ ਹੈ ॥੨॥

1626	39	ਮਨ ਹਠਿ ਕਿਨੈ ਨ ਪਾਇਆ ਕਰਿ ਉਪਾਵ ਥਕੇ ਸਭੁ ਕੋਇ॥		Manehath Kinai N Paaeiaa Kar Oupaav Thhakae Sabh Koe ||	No one has found Him by stubborn-mindedness. All have grown weary of the effort.	ਮਨ ਦੇ ਹਠ ਨਾਲ (ਕੀਤੇ ਤਪ ਆਦਿਕ ਸਾਧਨਾਂ ਨਾਲ) ਕਦੇ ਕਿਸੇ ਨੇ ਪਰਮਾਤਮਾ ਨੂੰ ਨਹੀਂ ਲੱਭਾ। (ਇਹੋ ਜਿਹੇ) ਅਨੇਕਾਂ ਉਪਾਵ ਕਰ ਕੇ ਸਭ ਥੱਕ ਹੀ ਜਾਂਦੇ ਹਨ।
1627	40	ਸਹਸ ਸਿਆਣਪ ਕਰਿ ਰਹੇ ਮਨਿ ਕੋਰੈ ਰੰਗੁ ਨ ਹੋਇ॥	(ਸਹਸ) ਹਜ਼ਾਰਾਂ। (ਕੋਰੈ) ਅਨਧੋਤਾ, ਸੇਵਾ ਭਗਤੀ ਹੀਨ। (ਰੰਗੁ) ਪ੍ਰੇਮ	Sehas Siaanap Kar Rehae Man Korai Rang N Hoe ||	Thousands of clever mental tricks have been tried, but still, the raw and undisciplined mind does not absorb the Color of the Lord's Love.	(ਤਪ ਆਦਿਕ ਵਾਲੀਆਂ) ਹਜ਼ਾਰਾਂ ਸਿਆਣਪਾਂ (ਜੇਹੜੇ ਲੋਕ) ਕਰਦੇ ਹਨ (ਉਹਨਾਂ ਦਾ ਮਨ ਪ੍ਰਭੂ-ਪ੍ਰੇਮ ਵਲੋਂ ਕੋਰਾ ਹੀ ਰਹਿੰਦਾ ਹੈ, ਤੇ) ਜੇ ਮਨ (ਪ੍ਰਭੂ-ਪ੍ਰੇਮ ਤੋਂ) ਕੋਰਾ ਹੀ ਰਹੇ ਤਾਂ ਨਾਮ ਰੰਗ ਨਹੀਂ ਚੜ੍ਹਦਾ।
1628	40	ਕੂੜਿ ਕਪਟਿ ਕਿਨੈ ਨ ਪਾਇਓ ਜੋ ਬੀਜੈ ਖਾਵੈ ਸੋਇ॥੩॥		Koorr Kapatt Kinai N Paaeiou Jo Beejai Khaavai Soe ||3||	By falsehood and deception, none have found Him. Whatever you plant, you shall eat. ||3||	ਮਾਇਆ ਦੇ ਮੋਹ ਵਿਚ ਫਸੇ ਰਹਿ ਕੇ (ਬਾਹਰੋਂ ਹਠ-ਕਰਮਾਂ ਦੀ) ਠੱਗੀ ਨਾਲ ਕਦੇ ਕਿਸੇ ਨੇ ਪਰਮਾਤਮਾ ਨੂੰ ਨਹੀਂ ਲੱਭਾ। (ਇਹ ਪੱਕਾ ਨਿਯਮ ਹੈ ਕਿ) ਜੋ ਕੁਝ ਕੋਈ ਬੀਜਦਾ ਹੈ ਉਹੀ ਉਹ ਖਾਂਦਾ ਹੈ ॥੩॥
1629	40	ਸਭਨਾ ਤੇਰੀ ਆਸ ਪ੍ਰਭੁ ਸਭ ਜੀਅ ਤੇਰੇ ਤੂੰ ਰਾਸਿ॥	(ਰਾਸਿ) ਪੂੰਜੀ	Sabhanaa Thaeree Aas Prabh Sabh Jeea Thaerae Thoon Raas ||	O God, You are the Hope of all. All beings are Yours; You are the Wealth of all.	ਹੇ ਪ੍ਰਭੂ! (ਸੰਸਾਰ-ਸਮੁੰਦਰ ਤੋਂ ਬਚਣ ਵਾਸਤੇ) ਸਭ ਜੀਵਾਂ ਨੂੰ ਤੇਰੀ (ਸਹੈਤਾ ਦੀ) ਹੀ ਆਸ ਹੈ, ਸਭ ਜੀਵ ਤੇਰੇ ਹੀ (ਪੈਦਾ ਕੀਤੇ ਹੋਏ) ਹਨ, ਤੂੰ ਹੀ (ਸਭ ਜੀਵਾਂ ਦੀ ਆਤਮਕ) ਰਾਸ ਪੂੰਜੀ ਹੈਂ।

1630	40	ਪ੍ਰਭ ਤੁਧਹੁ ਖਾਲੀ ਕੋ ਨਹੀ ਦਰਿ ਗੁਰਮੁਖਾ ਨੋ ਸਾਬਾਸਿ॥		Prabh Thudhhahu Khaalee Ko Nehee Dhar Guramukhaa No Saabaas ||	O God, none return from You empty-handed; at Your Door, the Gurmukhs are praised and acclaimed.	ਹੇ ਪ੍ਰਭੂ! ਤੇਰੇ ਦਰ ਤੋਂ ਕੋਈ ਖ਼ਾਲੀ ਨਹੀਂ ਮੁੜਦਾ, ਗੁਰੂ ਦੀ ਸਰਨ ਪੈਣ ਵਾਲੇ ਬੰਦਿਆਂ ਨੂੰ ਤੇਰੇ ਦਰ ਤੇ ਆਦਰ ਮਾਣ ਮਿਲਦਾ ਹੈ।
1631	40	ਬਿਖੁ ਭਉਜਲ ਡੁਬਦੇ ਕਢਿ ਲੈ ਜਨ ਨਾਨਕ ਕੀ ਅਰਦਾਸਿ॥੪॥੧॥੬੫॥		Bikh Bhoujal Ddubadhae Kadt Lai Jan Naanak Kee Aradhaas ||4||1||65||	In the terrifying world-ocean of poison, people are drowning-please lift them up and save them! This is servant Nanak's humble prayer. ||4||1||65||	ਹੇ ਪ੍ਰਭੂ! ਤੇਰੇ ਦਾਸ ਨਾਨਕ ਦੀ ਤੇਰੇ ਅੱਗੇ ਅਰਜ਼ੋਈ ਹੈ ਕਿ ਤੂੰ ਸੰਸਾਰ-ਸਮੁੰਦਰ ਦੇ (ਵਿਕਾਰਾਂ ਦੇ) ਜ਼ਹਰ ਵਿਚ ਡੁੱਬਦੇ ਜੀਵਾਂ ਨੂੰ ਆਪ ਕੱਢ ਲੈ ॥੪॥੧॥੬੫॥{39-40}
1632	40	ਸਿਰੀਰਾਗੁ ਮਹਲਾ ੪॥		Sireeraag Mehalaa 4 ||	Siree Raag, Fourth Mehl:	
1633	40	ਨਾਮੁ ਮਿਲੈ ਮਨੁ ਤ੍ਰਿਪਤੀਐ ਬਿਨੁ ਨਾਮੈ ਧ੍ਰਿਗੁ ਜੀਵਾਸੁ॥	(ਜੀਵਾਸੁ) ਜਿਉਣਾ	Naam Milai Man Thripatheeai Bin Naamai Dhhrig Jeevaas ||	Receiving the Naam, the mind is satisfied; without the Naam, life is cursed.	(ਜਿਸ ਮਨੁੱਖ ਨੂੰ ਪਰਮਾਤਮਾ ਦਾ) ਨਾਮ ਮਿਲ ਜਾਂਦਾ ਹੈ (ਉਸ ਦਾ) ਮਨ (ਮਾਇਆ ਦੀ ਤ੍ਰਿਸ਼ਨਾ ਵਲੋਂ) ਰਜ ਜਾਂਦਾ ਹੈ। ਨਾਮ ਤੋਂ ਸੁੰਞਾ ਜੀਊਣਾ ਫਿਟਕਾਰ-ਜੋਗ ਹੈ (ਨਾਮ ਤੋਂ ਖ਼ਾਲੀ ਰਹਿ ਕੇ ਜ਼ਿੰਦਗੀ ਦੇ ਗੁਜ਼ਾਰਿਆਂ ਫਿਟਕਾਰਾਂ ਹੀ ਪੈਂਦੀਆਂ ਹਨ)।

1634	40	ਕੋਈ ਗੁਰਮੁਖਿ ਸਜਣੁ ਜੇ ਮਿਲੈ ਮੈ ਦਸੇ ਪ੍ਰਭੁ ਗੁਣਤਾਸੁ॥	ਦੱਸੇ	Koee Guramukh Sajan Jae Milai Mai Dhasae Prabh Gunathaas ||	If I meet the Gurmukh, my Spiritual Friend, he will show me God, the Treasure of Excellence.	ਜੇ ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਭਲਾ ਮਨੁੱਖ ਮੈਨੂੰ ਮਿਲ ਪਵੇ, ਤੇ ਮੈਨੂੰ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦੀ ਦੱਸ ਪਾ ਦੇਵੇ,
1635	40	ਹਉ ਤਿਸੁ ਵਿਟਹੁ ਚਉ ਖੰਨੀਐ ਮੈ ਨਾਮ ਕਰੇ ਪਰਗਾਸੁ॥੧॥	(ਵਿਟਹੁ) ਉੱਪਰੋਂ। (ਚਉ) ਚਾਰ (ਖੰਨੀਐ) ਟੋਟੇ। (ਪਰਗਾਸੁ) ਪ੍ਰਗਟ	Ho This Vittahu Cho Khanneeai Mai Naam Karae Paragaas ||1||	I am every bit a sacrifice to one who reveals to me the Naam. ||1||	ਮੇਰੇ ਅੰਦਰ ਪ੍ਰਭੂ ਨਾਮ ਦਾ ਚਾਨਣ ਕਰ ਦੇਵੇ, ਮੈਂ ਉਸ ਤੋਂ ਕੁਰਬਾਨ ਹੋਣ ਨੂੰ ਤਿਆਰ ਹਾਂ ॥੧॥
1636	40	ਮੇਰੇ ਪ੍ਰੀਤਮਾ ਹਉ ਜੀਵਾ ਨਾਮੁ ਧਿਆਇ॥		Maerae Preethamaa Ho Jeevaa Naam Dhhiaae ||	O my Beloved, I live by meditating on Your Name.	ਹੇ ਮੇਰੇ ਪ੍ਰੀਤਮ-ਪ੍ਰਭੂ! ਤੇਰਾ ਨਾਮ ਸਿਮਰ ਕੇ ਹੀ ਮੈਂ ਆਤਮਕ ਜੀਵਨ ਜੀਊ ਸਕਦਾ ਹਾਂ।
1637	40	ਬਿਨੁ ਨਾਵੈ ਜੀਵਣੁ ਨਾ ਥੀਐ ਮੇਰੇ ਸਤਿਗੁਰ ਨਾਮੁ ਦ੍ਰਿੜਾਇ॥੧॥ਰਹਾਉ ॥	(ਥੀਐ) ਹੋਏ	Bin Naavai Jeevan Naa Thheeai Maerae Sathigur Naam Dhrirraae ||1|| Rehaao ||	Without Your Name, my life does not even exist. My True Guru has implanted the Naam within me. ||1||Pause||	ਹੇ ਮੇਰੇ ਸਤਿਗੁਰੂ! (ਮੇਰੇ ਹਿਰਦੇ ਵਿਚ ਪਰਮਾਤਮਾ ਦਾ) ਨਾਮ ਪੱਕਾ ਕਰ ਦੇ (ਕਿਉਂਕਿ) ਪ੍ਰਭੂ-ਨਾਮ ਤੋਂ ਬਿਨਾ ਆਤਮਕ ਜੀਵਨ ਨਹੀਂ ਬਣ ਸਕਦਾ ॥੧॥ ਰਹਾਉ ॥
1638	40	ਨਾਮੁ ਅਮੋਲਕੁ ਰਤਨੁ ਹੈ ਪੂਰੇ ਸਤਿਗੁਰ ਪਾਸਿ॥		Naam Amolak Rathan Hai Poorae Sathigur Paas ||	The Naam is a Priceless Jewel; it is with the Perfect True Guru.	ਪਰਮਾਤਮਾ ਦਾ ਨਾਮ ਇਕ ਐਸਾ ਰਤਨ ਹੈ, ਜਿਸ ਜਿਹੀ ਕੀਮਤੀ ਸ਼ੈ ਹੋਰ ਕੋਈ ਨਹੀਂ ਹੈ, ਇਹ ਨਾਮ ਪੂਰੇ ਗੁਰੂ ਦੇ ਪਾਸ ਹੀ ਹੈ।

1639	40	ਸਤਿਗੁਰ ਸੇਵੈ ਲਗਿਆ ਕਢਿ ਰਤਨੁ ਦੇਵੈ ਪਰਗਾਸਿ॥		Sathigur Saevai Lagiaa Kadt Rathan Dhaevai Paragaas ||	When one is enjoined to serve the True Guru, He brings out this Jewel and bestows this enlightenment.	ਜੇ ਗੁਰੂ ਦੀ ਦੱਸੀ ਸੇਵਾ ਵਿਚ ਲੱਗ ਜਾਈਏ, ਤਾਂ ਉਹ ਹਿਰਦੇ ਵਿਚ ਗਿਆਨ ਦਾ ਚਾਨਣ ਕਰ ਕੇ (ਆਪਣੇ ਪਾਸੋਂ ਨਾਮ-) ਰਤਨ ਕੱਢ ਕੇ ਦੇਂਦਾ ਹੈ।
1640	40	ਧੰਨੁ ਵਡਭਾਗੀ ਵਡਭਾਗੀਆ ਜੋ ਆਇ ਮਿਲੇ ਗੁਰ ਪਾਸਿ॥੨॥		Dhhann Vaddabhaagee Vadd Bhaageeaa Jo Aae Milae Gur Paas ||2||	Blessed, and most fortunate of the very fortunate, are those who come to meet the Guru. ||2||	(ਇਸ ਵਾਸਤੇ) ਉਹ ਮਨੁੱਖ ਭਾਗਾਂ ਵਾਲੇ ਹਨ, ਬੜੇ ਭਾਗਾਂ ਵਾਲੇ ਹਨ, ਸ਼ਲਾਘਾ-ਜੋਗ ਹਨ, ਜੇਹੜੇ ਆ ਕੇ ਗੁਰੂ ਦੀ ਸਰਨ ਪੈਂਦੇ ਹਨ ॥੨॥
1641	40	ਜਿਨਾ ਸਤਿਗੁਰੁ ਪੁਰਖੁ ਨ ਭੇਟਿਓ ਸੇ ਭਾਗਹੀਣ ਵਸਿ ਕਾਲ॥	ਜੇ ਤੁਕ ਵਿੱਚ ਵਸ ਦਾ ਅਰਥ ਵਸਣ ਹੋਵੇ ਤਾਂ ਵਸ ਪੋਲਾ ਬੋਲਣਾ। ਜੇ ਵੱਸ ਪੈਣਾ ਅਰਥ ਆਵੇ ਤਾਂ ਅੱਧਕ ਨਾਲ ਵੱਸ ਬੋਲਣਾ।ਇੱਥੇ ਵੱਸਿ ਬੋਲੋ	Jinaa Sathigur Purakh N Bhaettiou Sae Bhaageheen Vas Kaal ||	Those who have not met the Primal Being, the True Guru, are most unfortunate, and are subject to death.	(ਪਰ) ਜਿਨ੍ਹਾਂ ਮਨੁੱਖਾਂ ਨੂੰ ਅਕਾਲ-ਪੁਰਖ ਦਾ ਰੂਪ ਸਤਿਗੁਰੂ ਕਦੇ ਨਹੀਂ ਮਿਲਿਆ, ਉਹ ਮੰਦ-ਭਾਗੀ ਹਨ ਉਹ ਆਤਮਕ ਮੌਤ ਦੇ ਵੱਸ ਵਿਚ ਰਹਿੰਦੇ ਹਨ।
1642	40	ਓਇ ਫਿਰਿ ਫਿਰਿ ਜੋਨਿ ਭਵਾਈਅਹਿ ਵਿਚਿ ਵਿਸਟਾ ਕਰਿ ਵਿਕਰਾਲ॥	(ਭਵਾਈ–ਅਹਿ) ਭਟਕਦੇ। (ਵਿਸਟਾ) ਗੰਦਗੀ। (ਵਿਕਰਾਲ) ਬਹੁਤ ਭਿਆਨਕ	Oue Fir Fir Jon Bhavaaeeahi Vich Visattaa Kar Vikaraal ||	They wander in reincarnation over and over again, as the most disgusting maggots in manure.	ਉਹ ਵਿਕਾਰਾਂ ਦੇ ਗੰਦ ਵਿਚ ਪਏ ਰਹਿਣ ਦੇ ਕਾਰਨ ਭਿਆਨਕ ਆਤਮਕ ਜੀਵਨ ਵਾਲੇ ਬਣਾ ਕੇ ਮੁੜ ਮੁੜ ਜਨਮ-ਮਰਨ ਦੇ ਗੇੜ ਵਿਚ ਪਾਏ ਜਾਂਦੇ ਹਨ।

1643	40	ਓਨਾ ਪਾਸਿ ਦੁਆਸਿ ਨ ਭਿਟੀਐ ਜਿਨ ਅੰਤਰਿ ਕ੍ਰੋਧੁ ਚੰਡਾਲ॥੩॥	(ਪਾਸਿ) ਨੇੜੇ(ਦੁਆਸਿ) ਤੇੜੇ	Ounaa Paas Dhuaas N Bhitteeai Jin Anthar Krodhh Chanddaal ||3||	Do not meet with, or even approach those people, whose hearts are filled with horrible anger. ||3||	(ਹੇ ਭਾਈ! ਨਾਮ ਤੋਂ ਸੱਖਣੇ) ਜਿਨ੍ਹਾਂ ਮਨੁੱਖਾਂ ਦੇ ਅੰਦਰ ਚੰਡਾਲ ਕ੍ਰੋਧ ਵੱਸਦਾ ਰਹਿੰਦਾ ਹੈ ਉਹਨਾਂ ਦੇ ਕਦੇ ਨੇੜੇ ਨਹੀਂ ਢੁੱਕਣਾ ਚਾਹੀਦਾ ॥੩॥
1644	40	ਸਤਿਗੁਰ ਪੁਰਖੁ ਅੰਮ੍ਰਿਤ ਸਰੁ ਵਡਭਾਗੀ ਨਾਵਹਿ ਆਇ॥	(ਸਰੁ) ਸਰੋਵਰ। ਨ੍ਹਾਵਹਿ	Sathigur Purakh Anmrith Sar Vaddabhaagee Naavehi Aae ||	The True Guru, the Primal Being, is the Pool of Ambrosial Nectar. The very fortunate ones come to bathe in it.	(ਪਰ ਇਹ ਵਿਕਾਰਾਂ ਦਾ ਗੰਦ, ਇਹ ਚੰਡਾਲ ਕ੍ਰੋਧ ਆਦਿਕ ਦਾ ਪ੍ਰਭਾਵ ਤੀਰਥਾਂ ਤੇ ਨ੍ਹਾਤਿਆਂ ਦੂਰ ਨਹੀਂ ਹੋ ਸਕਦਾ) ਅਕਾਲ-ਪੁਰਖ ਦਾ ਰੂਪ ਸਤਿਗੁਰੂ ਹੀ ਅੰਮ੍ਰਿਤ ਦਾ ਸਰੋਵਰ ਹੈ। ਜੇਹੜੇ ਬੰਦੇ ਇਸ ਤੀਰਥ ਉੱਤੇ ਆ ਕੇ ਇਸ਼ਨਾਨ ਕਰਦੇ ਹਨ ਉਹ ਵੱਡੇ ਭਾਗਾਂ ਵਾਲੇ ਹਨ।
1645	40	ਉਨ ਜਨਮ ਜਨਮ ਕੀ ਮੈਲੁ ਉਤਰੈ ਨਿਰਮਲ ਨਾਮੁ ਦ੍ਰਿੜਾਇ॥		Oun Janam Janam Kee Mail Outharai Niramal Naam Dhrirraae ||	The filth of many incarnations is washed away, and the Immaculate Naam is implanted within.	(ਗੁਰੂ ਦੀ ਸਰਨ ਪੈ ਕੇ) ਪਵਿਤ੍ਰ ਪ੍ਰਭੂ-ਨਾਮ ਹਿਰਦੇ ਵਿਚ ਪੱਕਾ ਕਰਨ ਦੇ ਕਾਰਨ ਉਹਨਾਂ (ਵਡ-ਭਾਗੀਆਂ) ਦੀ ਜਨਮਾਂ ਜਨਮਾਂਤਰਾਂ ਦੀ (ਵਿਕਾਰਾਂ ਦੀ) ਮੈਲ ਲਹਿ ਜਾਂਦੀ ਹੈ।

1646	40	ਜਨ ਨਾਨਕ ਉਤਮ ਪਦੁ ਪਾਇਆ ਸਤਿਗੁਰ ਕੀ ਲਿਵ ਲਾਇ॥੪॥੨॥੬੬॥		Jan Naanak Outham Padh Paaeiaa Sathigur Kee Liv Laae ||4||2||66||	Servant Nanak has obtained the most exalted state, lovingly attuned to the True Guru. ||4||2||66||	ਹੇ ਦਾਸ ਨਾਨਕ! (ਆਖ-) ਸਤਿਗੁਰੂ ਦੀ ਸਿੱਖਿਆ ਵਿਚ ਸੁਰਤ ਜੋੜ ਕੇ ਉਹ ਮਨੁੱਖ ਸਭ ਤੋਂ ਸ੍ਰੇਸ਼ਟ ਆਤਮਕ ਜੀਵਨ ਦਾ ਦਰਜਾ ਹਾਸਲ ਕਰ ਲੈਂਦੇ ਹਨ ॥੪॥੨॥੬੬॥
1647	40	ਸਿਰੀਰਾਗੁ ਮਹਲਾ ੪॥		Sireeraag Mehalaa 4 ||	Siree Raag, Fourth Mehl:	
1648	40	ਗੁਣ ਗਾਵਾ ਗੁਣ ਵਿਥਰਾ ਗੁਣ ਬੋਲੀ ਮੇਰੀ ਮਾਇ॥	ਵਿਥਰਾਂ: ਪੋਲਾ ਬੋਲੋ। (ਵਿਥਰਾਂ) ਵਿਸਥਾਰ ਕਰਾਂ	Gun Gaavaa Gun Vithharaa Gun Bolee Maeree Maae ||	I sing His Glories, I describe His Glories, I speak of His Glories, O my mother.	ਹੇ ਮੇਰੀ ਮਾਂ! (ਮੇਰਾ ਮਨ ਤਰਸਦਾ ਹੈ ਕਿ) ਮੈਂ (ਪ੍ਰਭੂ ਦੇ) ਗੁਣ ਗਾਂਵਦਾ ਰਹਾਂ, ਗੁਣਾਂ ਦਾ ਵਿਸਥਾਰ ਕਰਦਾ ਰਹਾਂ ਤੇ (ਪ੍ਰਭੂ ਦੇ) ਗੁਣ ਉਚਾਰਦਾ ਰਹਾਂ।
1649	40	ਗੁਰਮੁਖਿ ਸਜਣੁ ਗੁਣਕਾਰੀਆ ਮਿਲਿ ਸਜਣ ਹਰਿ ਗੁਣ ਗਾਇ॥		Guramukh Sajan Gunakaareeaa Mil Sajan Har Gun Gaae ||	The Gurmukhs, my spiritual friends, bestow virtue. Meeting with my spiritual friends, I sing the Glorious Praises of the Lord.	ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਸੰਤ ਜਨ ਹੀ (ਪ੍ਰਭੂ ਦੇ ਗੁਣ ਗਾਵਣ ਦੀ ਇਹ) ਸਿਫ਼ਤਿ ਪੈਦਾ ਕਰ ਸਕਦਾ ਹੈ। ਕਿਸੇ ਗੁਰਮੁਖਿ ਨੂੰ ਹੀ ਮਿਲ ਕੇ ਪ੍ਰਭੂ ਦੇ ਗੁਣ ਕੋਈ ਗਾ ਸਕਦਾ ਹੈ।

1650	40	ਹੀਰੈ ਹੀਰੁ ਮਿਲਿ ਬੇਧਿਆ ਰੰਗਿ ਚਲੂਲੈ ਨਾਇ॥੧॥	(ਬੇੱਧਿਆ) ਵਿੰਨ੍ਹਿਆ। (ਚਲੂਲੈ) ਗੂੜ੍ਹੇ	Heerai Heer Mil Baedhhiaa Rang Chaloolai Naae ||1||	The Diamond of the Guru has pierced the diamond of my mind, which is now dyed in the deep crimson color of the Name. ||1||	(ਜੇਹੜਾ ਮਨੁੱਖ ਪ੍ਰਭੂ ਦੇ ਗੁਣ ਗਾਂਦਾ ਹੈ, ਉਸ ਦਾ) ਮਨ-ਹੀਰਾ ਗੁਰੂ-ਹੀਰੇ ਨੂੰ ਮਿਲ ਕੇ (ਉਸ ਵਿਚ) ਵਿੱਝ ਜਾਂਦਾ ਹੈ, ਪ੍ਰਭੂ ਦੇ ਨਾਮ ਵਿਚ (ਲੀਨ ਹੋ ਕੇ) ਉਹ ਪ੍ਰਭੂ ਦੇ ਗੂੜ੍ਹੇ ਪਿਆਰ-ਰੰਗ ਵਿਚ (ਰੰਗਿਆ ਜਾਂਦਾ ਹੈ) ॥੧॥
1651	40	ਮੇਰੇ ਗੋਵਿੰਦਾ ਗੁਣ ਗਾਵਾ ਤ੍ਰਿਪਤਿ ਮਨਿ ਹੋਇ॥		Maerae Govindhaa Gun Gaavaa Thripath Man Hoe ||	O my Lord of the Universe, singing Your Glorious Praises, my mind is satisfied.	ਹੇ ਮੇਰੇ ਗੋਬਿੰਦ! (ਕਿਰਪਾ ਕਰ ਕਿ) ਮੈਂ ਤੇਰੇ ਗੁਣ ਗਾਂਵਦਾ ਰਹਾਂ, (ਤੇਰੇ ਗੁਣ ਗਾਂਦਿਆਂ ਹੀ) ਮਨ ਵਿਚ (ਮਾਇਆ ਦੀ) ਤ੍ਰਿਸ਼ਨਾ ਤੋਂ ਖ਼ਲਾਸੀ ਹੁੰਦੀ ਹੈ।
1652	40	ਅੰਤਰਿ ਪਿਆਸ ਹਰਿ ਨਾਮ ਕੀ ਗੁਰੁ ਤੁਸਿ ਮਿਲਾਵੈ ਸੋਇ॥੧॥ਰਹਾਉ॥	(ਤੁਸਿ) ਪ੍ਰਸੰਨ	Anthar Piaas Har Naam Kee Gur Thus Milaavai Soe ||1|| Rehaao ||	Within me is the thirst for the Lord's Name; may the Guru, in His Pleasure, grant it to me. ||1||Pause||	ਹੇ ਗੋਬਿੰਦ! ਮੇਰੇ ਅੰਦਰ ਤੇਰੇ ਨਾਮ ਦੀ ਪਿਆਸ ਹੈ (ਮੈਨੂੰ ਗੁਰੂ ਮਿਲਾ) ਗੁਰੂ ਪ੍ਰਸੰਨ ਹੋ ਕੇ ਉਸ ਨਾਮ ਦਾ ਮਿਲਾਪ ਕਰਾਂਦਾ ਹੈ ॥੧॥ ਰਹਾਉ ॥
1653	40	ਮਨੁ ਰੰਗਹੁ ਵਡਭਾਗੀਹੋ ਗੁਰੁ ਤੁਠਾ ਕਰੇ ਪਸਾਉ॥	(ਤੁੱਠਾ) ਪ੍ਰਸੰਨ ਹੋ ਕੇ। (ਪਸਾਉ) ਦਾਤਿ	Man Rangahu Vaddabhaageeho Gur Thuthaa Karae Pasaao ||	Let your minds be imbued with His Love, O blessed and fortunate ones. By His Pleasure, the Guru bestows His Gifts.	ਹੇ ਵੱਡੇ ਭਾਗਾਂ ਵਾਲਿਓ! (ਗੁਰੂ ਦੀ ਸਰਨ ਪੈ ਕੇ ਆਪਣਾ) ਮਨ (ਪ੍ਰਭੂ ਦੇ ਨਾਮ-ਰੰਗ ਵਿਚ) ਰੰਗ ਲਵੋ। ਗੁਰੂ ਪ੍ਰਸੰਨ ਹੋ ਕੇ (ਨਾਮ ਦੀ ਇਹ) ਬਖ਼ਸ਼ਸ਼ ਕਰਦਾ ਹੈ।

1654	40	ਗੁਰੁ ਨਾਮੁ ਦ੍ਰਿੜਾਏ ਰੰਗ ਸਿਉ ਹਉ ਸਤਿਗੁਰ ਕੈ ਬਲਿ ਜਾਉ॥		Gur Naam Dhrirraaeae Rang Sio Ho Sathigur Kai Bal Jaao ||	The Guru has lovingly implanted the Naam, the Name of the Lord, within me; I am a sacrifice to the True Guru.	ਗੁਰੂ ਪਿਆਰ ਨਾਲ ਪਰਮਾਤਮਾ ਦਾ ਨਾਮ (ਸਰਨ ਆਏ ਸਿੱਖ ਦੇ ਹਿਰਦੇ ਵਿਚ ਹੀ ਪੱਕਾ ਕਰ ਦੇਂਦਾ ਹੈ। (ਇਸ ਕਰਕੇ) ਮੈਂ ਗੁਰੂ ਤੋਂ ਸਦਕੇ ਜਾਂਦਾ ਹਾਂ।
1655	40	ਬਿਨੁ ਸਤਿਗੁਰ ਹਰਿ ਨਾਮੁ ਨ ਲਭਈ ਲਖ ਕੋਟੀ ਕਰਮ ਕਮਾਉ॥੨॥	ਲੱ-ਭਈ	Bin Sathigur Har Naam N Labhee Lakh Kottee Karam Kamaao ||2||	Without the True Guru, the Name of the Lord is not found, even though people may perform hundreds of thousands, even millions of rituals. ||2||	ਜੇ ਮੈਂ ਲੱਖਾਂ ਕ੍ਰੋੜਾਂ (ਹੋਰ ਹੋਰ ਧਾਰਮਿਕ) ਕੰਮ ਕਰਾਂ ਤਾਂ ਭੀ ਸਤਿਗੁਰੂ ਦੀ ਸਰਨ ਤੋਂ ਬਿਨਾ ਪਰਮਾਤਮਾ ਦਾ ਨਾਮ ਪ੍ਰਾਪਤ ਨਹੀਂ ਹੁੰਦਾ ॥੨॥
1656	40	ਬਿਨੁ ਭਾਗਾ ਸਤਿਗੁਰੁ ਨਾ ਮਿਲੈ ਘਰਿ ਬੈਠਿਆ ਨਿਕਟਿ ਨਿਤ ਪਾਸਿ॥		Bin Bhaagaa Sathigur Naa Milai Ghar Baithiaa Nikatt Nith Paas ||	Without destiny, the True Guru is not found, even though He sits within the home of our own inner being, always near and close at hand.	ਚੰਗੀ ਕਿਸਮਤਿ ਤੋਂ ਬਿਨਾ ਗੁਰੂ ਨਹੀਂ ਮਿਲਦਾ (ਤੇ ਗੁਰੂ ਤੋਂ ਬਿਨਾ ਪਰਮਾਤਮਾ ਦਾ ਮਿਲਾਪ ਨਹੀਂ ਹੁੰਦਾ, ਭਾਵੇਂ) ਸਾਡੇ ਹਿਰਦੇ ਵਿਚ ਬੈਠਾ ਹਰ ਵੇਲੇ ਸਾਡੇ ਨੇੜੇ ਹੈ, ਸਾਡੇ ਕੋਲ ਹੈ।

1657	40	ਅੰਤਰਿ ਅਗਿਆਨ ਦੁਖੁ ਭਰਮੁ ਹੈ ਵਿਚਿ ਪੜਦਾ ਦੂਰਿ ਪਈਆਸਿ॥	ਪੜਦਾ ਝਾੜੇ ਹਲੰਤ ਨਹੀਂ ਲਾਉਣਾ	Anthar Agiaan Dhukh Bharam Hai Vich Parradhaa Dhoor Peeaas ||	There is ignorance within, and the pain of doubt, like a separating screen.	ਜਿਸ ਜੀਵ ਦੇ ਅੰਦਰ ਅਗਿਆਨਤਾ (ਦੇ ਹਨੇਰੇ) ਦਾ ਦੁੱਖ ਟਿਕਿਆ ਰਹੇ, ਜਿਸ ਨੂੰ ਮਾਇਆ ਦੀ ਭਟਕਣੀ ਲੱਗੀ ਰਹੇ ਉਸ ਦੇ ਅੰਦਰ ਪਰਮਾਤਮਾ ਨਾਲੋਂ ਮਾਇਆ ਦੇ ਮੋਹ ਦਾ ਤੇ ਭਟਕਣਾ ਦਾ ਪਰਦਾ ਬਣਿਆ ਰਹਿੰਦਾ ਹੈ। ਉਸ ਦੀ ਜਿੰਦ ਅੰਦਰ-ਵੱਸਦੇ ਪ੍ਰਭੂ ਨਾਲੋਂ ਦੂਰ ਪਈ ਰਹਿੰਦੀ ਹੈ।
1658	40	ਬਿਨੁ ਸਤਿਗੁਰ ਭੇਟੇ ਕੰਚਨੁ ਨਾ ਥੀਐ ਮਨਮੁਖੁ ਲੋਹੁ ਬੂਡਾ ਬੇੜੀ ਪਾਸਿ॥੩॥	(ਲੋਹੁ) ਲੋਹਾ। (ਬੂੱਡਾ) ਡੁੱਬ ਗਿਆ	Bin Sathigur Bhaettae Kanchan Naa Thheeai Manamukh Lohu Booddaa Baerree Paas ||3||	Without meeting with the True Guru, no one is transformed into gold. The self-willed manmukh sinks like iron, while the boat is very close. ||3||	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਨੋ) ਲੋਹਾ ਹੈ ਜੋ ਗੁਰੂ-ਪਾਰਸ ਨੂੰ ਮਿਲਣ ਤੋਂ ਬਿਨਾ ਸੋਨਾ ਨਹੀਂ ਬਣ ਸਕਦਾ, ਗੁਰੂ-ਬੇੜੀ ਉਸ ਮਨਮੁਖ-ਲੋਹੇ ਦੇ ਪਾਸ ਹੀ ਹੈ, ਪਰ ਉਹ (ਵਿਕਾਰਾਂ ਦੀ ਨਦੀ ਵਿਚ ਹੀ) ਡੁੱਬਦਾ ਹੈ ॥੩॥
1659	40	ਸਤਿਗੁਰੁ ਬੋਹਿਥੁ ਹਰਿ ਨਾਵ ਹੈ ਕਿਤੁ ਬਿਧਿ ਚੜਿਆ ਜਾਇ॥	(ਬੋਹਿਥੁ) ਜਹਾਜ਼। ਬਿਧਿ:ਪੋਲਾ ਬੋਲੋ, ਚੜ੍ਹਿਆ	Sathigur Bohithh Har Naav Hai Kith Bidhh Charriaa Jaae ||	The Boat of the True Guru is the Name of the Lord. How can we climb on board?	ਸਤਿਗੁਰੂ ਪਰਮਾਤਮਾ ਦੇ ਨਾਮ ਦਾ ਜਹਾਜ਼ ਹੈ (ਪਰ ਉਸ ਜਹਾਜ਼ ਵਿਚ ਚੜ੍ਹਨ ਦੀ ਭੀ ਜਾਚ ਹੋਣੀ ਚਾਹੀਦੀ ਹੈ, ਫਿਰ) ਕਿਸ ਤਰ੍ਹਾਂ (ਉਸ ਜਹਾਜ਼ ਵਿਚ) ਚੜ੍ਹਿਆ ਜਾਏ?

1660	40	ਸਤਿਗੁਰ ਕੈ ਭਾਣੈ ਜੋ ਚਲੈ ਵਿਚਿ ਬੋਹਿਥ ਬੈਠਾ ਆਇ॥		Sathigur Kai Bhaanai Jo Chalai Vich Bohithh Baithaa Aae ||	One who walks in harmony with the True Guru's Will comes to sit in this Boat.	ਜੇਹੜਾ ਮਨੁੱਖ ਸਤਿਗੁਰੂ ਦੇ ਹੁਕਮ ਵਿਚ ਤੁਰਦਾ ਹੈ ਉਹ ਉਸ ਜਹਾਜ਼ ਵਿਚ ਸਵਾਰ ਹੋ ਗਿਆ ਸਮਝੋ।
1661	40	ਧੰਨੁ ਧੰਨੁ ਵਡਭਾਗੀ ਨਾਨਕਾ ਜਿਨਾ ਸਤਿਗੁਰੁ ਲਏ ਮਿਲਾਇ॥੪॥੩॥੬੭॥		Dhhann Dhhann Vaddabhaagee Naanakaa Jinaa Sathigur Leae Milaae ||4||3||67||	Blessed, blessed are those very fortunate ones, O Nanak, who are united with the Lord through the True Guru. ||4||3||67||	ਹੇ ਨਾਨਕ! ਉਹ ਮਨੁੱਖ ਵੱਡੇ ਭਾਗਾਂ ਵਾਲੇ ਹਨ, ਧੰਨ ਹਨ, ਧੰਨ ਹਨ, ਜਿਨ੍ਹਾਂ ਨੂੰ ਸਤਿਗੁਰੂ (ਪ੍ਰਭੂ-ਚਰਨਾਂ ਵਿਚ) ਮਿਲਾ ਲੈਂਦਾ ਹੈ ॥੪॥੩॥੬੭॥
1662	41	ਸਿਰੀਰਾਗੁ ਮਹਲਾ ੪॥		Sireeraag Mehalaa 4 ||	Siree Raag, Fourth Mehl:	
1663	41	ਹਉ ਪੰਥੁ ਦਸਾਈ ਨਿਤ ਖੜੀ ਕੋਈ ਪ੍ਰਭੁ ਦਸੇ ਤਿਨਿ ਜਾਉ॥	(ਦਸਾਈ) ਪੁੱਛਦੀ ਹਾਂ। ਖੜ੍ਹੀ ਦੱਸੇ	Ho Panthh Dhasaaee Nith Kharree Koee Prabh Dhasae Thin Jaao ||	I stand by the wayside and ask the Way. If only someone would show me the Way to God-I would go with him.	ਮੈਂ ਸਦਾ (ਤਾਂਘ ਵਿਚ) ਖਲੋਤੀ ਹੋਈ (ਪਰਮਾਤਮਾ ਦੇ ਦੇਸ ਦਾ) ਰਾਹ ਪੁੱਛਦੀ ਹਾਂ (ਮੈਂ ਸਦਾ ਲੋਚਦੀ ਹਾਂ ਕਿ) ਕੋਈ ਮੈਨੂੰ ਪ੍ਰਭੂ ਦੀ ਦੱਸ ਪਾਏ, ਤੇ ਉਸ ਦੀ ਰਾਹੀਂ (ਉਸ ਦੀ ਸਹੈਤਾ ਨਾਲ ਪ੍ਰਭੂ ਦੇ ਚਰਨਾਂ ਵਿਚ) ਪਹੁੰਚਾਂ।

1664	41	ਜਿਨੀ ਮੇਰਾ ਪਿਆਰਾ ਰਾਵਿਆ ਤਿਨ ਪੀਛੈ ਲਾਗਿ ਫਿਰਾਉ॥	(ਰਾਵਿਆ) ਸਿਮਰਿਆ, ਮਾਣਿਆ	Jinee Maeraa Piaaraa Raaviaa Thin Peeshhai Laag Firaao ||	I follow in the footsteps of those who enjoy the Love of my Beloved.	ਜਿਨ੍ਹਾਂ (ਸਤਿਸੰਗੀ ਸਹੇਲੀਆਂ) ਨੇ ਪਿਆਰੇ ਪ੍ਰਭੂ ਦਾ ਮਿਲਾਪ ਹਾਸਲ ਕੀਤਾ ਹੈ, ਉਹਨਾਂ ਦੇ ਪਿੱਛੇ ਲੱਗੀ ਫਿਰਾਂ,
1665	41	ਕਰਿ ਮਿੰਨਤਿ ਕਰਿ ਜੋਦੜੀ ਮੈ ਪ੍ਰਭੁ ਮਿਲਣੈ ਕਾ ਚਾਉ॥੧॥	(ਜੋਦੜੀ) ਕਰੜੀ ਸੇਵਾ ਘਾਲ	Kar Minnath Kar Jodharree Mai Prabh Milanai Kaa Chaao ||1||	I beg of them, I implore them; I have such a yearning to meet God! ||1||	ਅਤੇ ਉਹਨਾਂ ਅੱਗੇ ਤਰਲਾ ਕਰਾਂ ਕਿ ਮੇਰੇ ਅੰਦਰ ਪ੍ਰਭੂ ਨੂੰ ਮਿਲਣ ਦਾ ਚਾਉ ਹੈ (ਮੈਨੂੰ ਉਸ ਦੇ ਮਿਲਾਪ ਦਾ ਰਸਤਾ ਦੱਸੋ।) ॥੧॥
1666	41	ਮੇਰੇ ਭਾਈ ਜਨਾ ਕੋਈ ਮੋਕਉ ਹਰਿ ਪ੍ਰਭੁ ਮੇਲਿ ਮਿਲਾਇ॥		Maerae Bhaaee Janaa Koee Mo Ko Har Prabh Mael Milaae ||	O my Siblings of Destiny, please unite me in Union with my Lord God.	ਹੇ ਮੇਰੇ ਭਰਾਵੋ! ਮੈਨੂੰ ਕੋਈ ਧਿਰ ਪਰਮਾਤਮਾ ਨਾਲ ਮਿਲਾ ਦਿਉ।
1667	41	ਹਉ ਸਤਿਗੁਰ ਵਿਟਹੁ ਵਾਰਿਆ ਜਿਨਿ ਹਰਿ ਪ੍ਰਭੁ ਦੀਆ ਦਿਖਾਇ॥੧॥ਰਹਾਉ ॥	(ਵਿਟਹੁ) ਤੋਂ	Ho Sathigur Vittahu Vaariaa Jin Har Prabh Dheeaa Dhikhaae ||1|| Rehaao ||	I am a sacrifice to the True Guru, who has shown me the Lord God. ||1||Pause||	(ਪਰ ਗੁਰੂ ਤੋਂ ਬਿਨਾ ਹੋਰ ਕੌਣ ਮਿਲਾ ਸਕਦਾ ਹੈ?) ਮੈਂ ਸਤਿਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਨੇ ਪਰਮਾਤਮਾ ਵਿਖਾਲ ਦਿੱਤਾ (ਭਾਵ, ਜੋ ਵਿਖਾਲ ਦੇਂਦਾ ਹੈ) ॥੧॥ ਰਹਾਉ ॥

1668	41	ਹੋਇ ਨਿਮਾਣੀ ਢਹਿ ਪਵਾ ਪੂਰੇ ਸਤਿਗੁਰ ਪਾਸਿ॥		Hoe Nimaanee Dtehi Pavaa Poorae Sathigur Paas ||	In deep humility, I fall at the Feet of the Perfect True Guru.	(ਮੇਰਾ ਮਨ ਲੋਚਦਾ ਹੈ ਕਿ) ਮੈਂ ਹੋਰ ਮਾਨ ਆਸਰਾ ਛੱਡ ਕੇ ਪੂਰੇ ਸਤਿਗੁਰੂ ਦੇ ਚਰਨਾਂ ਉੱਤੇ ਡਿੱਗ ਪਵਾਂ।
1669	41	ਨਿਮਾਣਿਆ ਗੁਰੁ ਮਾਣੁ ਹੈ ਗੁਰੁ ਸਤਿਗੁਰੁ ਕਰੇ ਸਾਬਾਸਿ॥	(ਸਾਬਾਸਿ) ਅਸੀਸ	Nimaaniaa Gur Maan Hai Gur Sathigur Karae Saabaas ||	The Guru is the Honor of the dishonored. The Guru, the True Guru, brings approval and applause.	ਗੁਰੂ ਉਹਨਾਂ ਦਾ ਮਾਣ-ਆਸਰਾ ਹੈ, ਜਿਨ੍ਹਾਂ ਦਾ ਹੋਰ ਕੋਈ ਆਸਰਾ ਨਹੀਂ ਹੁੰਦਾ, (ਨਿਮਾਣਿਆਂ ਨੂੰ) ਗੁਰੂ ਦਿਲਾਸਾ ਦੇਂਦਾ ਹੈ।
1670	41	ਹਉ ਗੁਰੁ ਸਾਲਾਹਿ ਨ ਰਜਉ ਮੈ ਮੇਲੇ ਹਰਿ ਪ੍ਰਭੁ ਪਾਸਿ॥੨॥	ਰੱਜ-ਉ	Ho Gur Saalaahi N Rajoo Mai Maelae Har Prabh Paas ||2||	I am never tired of praising the Guru, who unites me with the Lord God. ||2||	ਗੁਰੂ ਦੀਆਂ ਵਡਿਆਈਆਂ ਕਰ ਕਰ ਕੇ ਮੇਰਾ ਮਨ ਰੱਜਦਾ ਨਹੀਂ ਹੈ। ਗੁਰੂ ਮੈਨੂੰ ਮੇਰੇ-ਪਾਸ-ਹੀ-ਵੱਸਦਾ ਪਰਮਾਤਮਾ ਮਿਲਾਣ ਦੇ ਸਮਰੱਥ ਹੈ ॥੨॥
1671	41	ਸਤਿਗੁਰ ਨੋ ਸਭ ਕੋ ਲੋਚਦਾ ਜੇਤਾ ਜਗਤੁ ਸਭੁ ਕੋਇ॥	ਜੱਗ-ਤੁ	Sathigur No Sabh Ko Lochadhaa Jaethaa Jagath Sabh Koe ||	Everyone, all over the world, longs for the True Guru.	ਜਿਤਨਾ ਇਹ ਸਾਰਾ ਜਗਤ ਹੈ ਹਰੇਕ ਜੀਵ ਸਤਿਗੁਰੂ ਨੂੰ ਮਿਲਣ ਲਈ ਤਾਂਘਦਾ ਹੈ,
1672	41	ਬਿਨੁ ਭਾਗਾ ਦਰਸਨੁ ਨਾ ਥੀਐ ਭਾਗਹੀਣ ਬਹਿ ਰੋਇ॥		Bin Bhaagaa Dharasan Naa Thheeai Bhaageheen Behi Roe ||	Without the good fortune of destiny, the Blessed Vision of His Darshan is not obtained. The unfortunate ones just sit and cry.	ਪਰ ਚੰਗੀ ਕਿਸਮਤ ਤੋਂ ਬਿਨਾ ਸਤਿਗੁਰੂ ਦਾ ਦਰਸ਼ਨ ਨਹੀਂ ਹੁੰਦਾ (ਗੁਰੂ ਦੀ ਕਦਰ ਨਹੀਂ ਪੈਂਦੀ)। (ਗੁਰੂ ਤੋਂ ਵਿੱਛੁੜ ਕੇ) ਮੰਦ-ਭਾਗਣ ਜੀਵ-ਇਸਤ੍ਰੀ ਬੈਠੀ ਦੁਖੀ ਹੁੰਦੀ ਹੈ।

1673	41	ਜੋ ਹਰਿ ਪ੍ਰਭ ਭਾਣਾ ਸੋ ਥੀਆ ਧੁਰਿ ਲਿਖਿਆ ਨ ਮੇਟੈ ਕੋਇ॥੩॥		Jo Har Prabh Bhaanaa So Thheeaa Dhhur Likhiaa N Maettai Koe ||3||	All things happen according to the Will of the Lord God. No one can erase the pre-ordained Writ of Destiny. ||3||	(ਪਰ ਜੀਵਾਂ ਦੇ ਭੀ ਕੀਹ ਵੱਸ?) ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ। ਧੁਰੋਂ ਪ੍ਰਭੂ ਦੀ ਦਰਗਾਹ ਤੋਂ ਲਿਖੇ ਹੁਕਮ ਨੂੰ ਕੋਈ ਮਿਟਾ ਨਹੀਂ ਸਕਦਾ ॥੩॥
1674	41	ਆਪੇ ਸਤਿਗੁਰੁ ਆਪਿ ਹਰਿ ਆਪੇ ਮੇਲਿ ਮਿਲਾਇ॥		Aapae Sathigur Aap Har Aapae Mael Milaae ||	He Himself is the True Guru; He Himself is the Lord. He Himself unites in His Union.	ਪਰਮਾਤਮਾ ਆਪ ਹੀ ਸਤਿਗੁਰੂ ਮਿਲਾਂਦਾ ਹੈ (ਤੇ ਗੁਰੂ ਦੀ ਰਾਹੀਂ) ਆਪਣੇ ਚਰਨਾਂ ਵਿਚ ਮਿਲਾਂਦਾ ਹੈ।
1675	41	ਆਪਿ ਦਇਆ ਕਰਿ ਮੇਲਸੀ ਗੁਰ ਸਤਿਗੁਰ ਪੀਛੈ ਪਾਇ॥		Aap Dhaeiaa Kar Maelasee Gur Sathigur Peeshhai Paae ||	In His Kindness, He unites us with Himself, as we follow the Guru, the True Guru.	ਪ੍ਰਭੂ (ਜੀਵਾਂ ਨੂੰ) ਆਪ ਹੀ ਸਤਿਗੁਰੂ ਦੇ ਲੜ ਲਾ ਕੇ ਮਿਹਰ ਕਰ ਕੇ ਆਪਣੇ ਨਾਲ ਮਿਲਾਣ ਦੇ ਸਮਰੱਥ ਹੈ।
1676	41	ਸਭੁ ਜਗਜੀਵਨੁ ਜਗਿ ਆਪਿ ਹੈ ਨਾਨਕ ਜਲੁ ਜਲਹਿ ਸਮਾਇ॥੪॥੪॥੬੮॥	ਜੱਗਜੀਵਨੁ, ਜਲ–ਹਿ	Sabh Jagajeevan Jag Aap Hai Naanak Jal Jalehi Samaae ||4||4||68||	Over all the world, He is the Life of the World, O Nanak, like water mingled with water. ||4||4||68||	ਹੇ ਨਾਨਕ! ਜਗਤ (ਦੇ-ਜੀਵਾਂ)-ਦਾ ਸਹਾਰਾ ਪਰਮਾਤਮਾ ਜਗਤ ਵਿਚ ਹਰ ਥਾਂ ਆਪ ਹੀ ਆਪ ਹੈ (ਜਿਸ ਜੀਵ ਨੂੰ ਉਹ ਆਪਣੇ ਚਰਨਾਂ ਵਿਚ ਜੋੜਦਾ ਹੈ ਉਹ ਉਸ ਨਾਲ ਇਉਂ ਇਕ-ਮਿਕ ਹੋ ਜਾਂਦਾ ਹੈ ਜਿਵੇਂ) ਪਾਣੀ ਪਾਣੀ ਵਿਚ ਇਕ-ਰੂਪ ਹੋ ਜਾਂਦਾ ਹੈ ॥੪॥੪॥੬੮॥
1677	41	ਸਿਰੀਰਾਗੁ ਮਹਲਾ ੪॥		Sireeraag Mehalaa 4 ||	Siree Raag, Fourth Mehl:	

1678	41	ਰਸੁ ਅੰਮ੍ਰਿਤੁ ਨਾਮੁ ਰਸੁ ਅਤਿ ਭਲਾ ਕਿਤੁ ਬਿਧਿ ਮਿਲੈ ਰਸੁ ਖਾਇ॥	ਬਿਧਿ: ਪੋਲਾ ਬੋਲੋ	Ras Anmrith Naam Ras Ath Bhalaa Kith Bidhh Milai Ras Khaae ||	The Essence of the Ambrosial Naam is the most sublime essence; how can I get to taste this essence?	ਪਰਮਾਤਮਾ ਦਾ ਨਾਮ ਬੜਾ ਸ੍ਰੇਸ਼ਟ ਰਸ ਹੈ, ਆਤਮਕ ਜੀਵਨ ਦੇਣ ਵਾਲਾ ਹੈ। ਇਹ ਰਸ ਕਿਸ ਤਰ੍ਹਾਂ ਮਿਲ ਸਕਦਾ ਹੈ? ਕਿਵੇਂ ਕੋਈ ਮਨੁੱਖ ਇਹ ਰਸ ਖਾ ਸਕਦਾ ਹੈ?
1679	41	ਜਾਇ ਪੁਛਹੁ ਸੋਹਾਗਣੀ ਤੁਸਾ ਕਿਉ ਕਰਿ ਮਿਲਿਆ ਪ੍ਰਭੁ ਆਇ॥	ਤੁਸਾਂ: ਪੋਲਾ ਬੋਲੋ	Jaae Pushhahu Sohaaganee Thusaa Kio Kar Miliaa Prabh Aae ||	I go and ask the happy soul-brides, ""How did you come to meet God?""	(ਜੇ ਇਹ ਭੇਤ ਸਮਝਣਾ ਹੈ ਤਾਂ ਹੇ ਭਾਈ!) ਉਹਨਾਂ ਜੀਵ-ਇਸਤ੍ਰੀਆਂ ਨੂੰ ਜਾ ਕੇ ਪੁੱਛੋ, ਜਿਨ੍ਹਾਂ ਨੇ ਪ੍ਰਭੂ-ਪਤੀ ਨੂੰ ਪ੍ਰਸੰਨ ਕਰ ਲਿਆ ਹੈ (ਉਹਨਾਂ ਨੂੰ ਪੁੱਛੋ ਕਿ ਤੁਹਾਨੂੰ) ਪ੍ਰਭੂ ਕਿਵੇਂ ਆ ਕੇ ਮਿਲਿਆ ਹੈ।
1680	41	ਓਇ ਵੇਪਰਵਾਹ ਨ ਬੋਲਨੀ ਹਉ ਮਲਿ ਮਲਿ ਧੋਵਾ ਤਿਨ ਪਾਇ॥੧॥		Oue Vaeparavaah N Bolanee Ho Mal Mal Dhhovaa Thin Paae ||1||	They are care-free and do not speak; I massage and wash their feet. ||1||	(ਜਿਨ੍ਹਾਂ ਜੀਵ-ਇਸਤ੍ਰੀਆਂ ਨੇ ਪ੍ਰਭੂ-ਪਤੀ ਨੂੰ ਪ੍ਰਸੰਨ ਕਰ ਲਿਆ ਹੈ) ਉਹ (ਦੁਨੀਆ ਦੀ ਸੋਭਾ ਆਦਿਕ ਵਲੋਂ) ਬੇ-ਮੁਥਾਜ ਹੋ ਜਾਂਦੀਆਂ ਹਨ (ਇਸ ਵਾਸਤੇ ਉਹ ਬਹੁਤਾ) ਨਹੀਂ ਬੋਲਦੀਆਂ। ਮੈਂ ਉਹਨਾਂ ਦੇ ਪੈਰ ਮਲ ਮਲ ਕੇ ਧੋਂਦੀ ਹਾਂ ॥੧॥
1681	41	ਭਾਈ ਰੇ ਮਿਲਿ ਸਜਣ ਹਰਿ ਗੁਣ ਸਾਰਿ॥	(ਸਾਰਿ) ਸੰਭਾਲ	Bhaaee Rae Mil Sajan Har Gun Saar ||	O Siblings of Destiny, meet with your spiritual friend, and dwell upon the Glorious Praises of the Lord.	ਹੇ ਭਾਈ! (ਗੁਰੂ-) ਸੱਜਣ ਨੂੰ ਮਿਲ ਕੇ ਪਰਮਾਤਮਾ ਦੇ ਗੁਣ (ਆਪਣੇ ਹਿਰਦੇ ਵਿਚ) ਸੰਭਾਲ।

1682	41	ਸਜਣੁ ਸਤਿਗੁਰੁ ਪੁਰਖੁ ਹੈ ਦੁਖੁ ਕਢੈ ਹਉਮੈ ਮਾਰਿ॥੧॥ਰਹਾਉ॥		Sajan Sathigur Purakh Hai Dhukh Kadtai Houmai Maar ||1|| Rehaao ||	The True Guru, the Primal Being, is your Friend, who shall drive out pain and subdue your ego. ||1||Pause||	ਸੱਜਣ ਗੁਰੂ ਅਕਾਲ ਪੁਰਖ ਦਾ ਰੂਪ ਹੈ, ਉਹ (ਸਰਨ ਆਏ ਮਨੁੱਖ ਦੇ ਹਿਰਦੇ ਵਿਚੋਂ) ਹਉਮੈ ਦਾ ਦੁੱਖ ਮਾਰ ਕੇ ਕੱਢ ਦੇਂਦਾ ਹੈ ॥੧॥ ਰਹਾਉ ॥
1683	41	ਗੁਰਮੁਖੀਆ ਸੋਹਾਗਣੀ ਤਿਨ ਦਇਆ ਪਈ ਮਨਿ ਆਇ॥		Guramukheeaa Sohaaganee Thin Dhaeiaa Pee Man Aae ||	The Gurmukhs are the happy soul-brides; their minds are filled with kindness.	ਜੇਹੜੀਆਂ ਜੀਵ-ਇਸਤ੍ਰੀਆਂ ਗੁਰੂ ਦੇ ਸਨਮੁਖ ਰਹਿੰਦੀਆਂ ਹਨ, ਉਹੀ ਸੁਹਾਗ-ਭਾਗ ਵਾਲੀਆਂ ਹੋ ਜਾਂਦੀਆਂ ਹਨ (ਉਹਨਾਂ ਪਾਸੋਂ ਜੀਵਨ ਜੁਗਤਿ ਪੁੱਛਿਆਂ) ਉਹਨਾਂ ਦੇ ਮਨ ਵਿਚ ਤਰਸ ਆ ਜਾਂਦਾ ਹੈ।
1684	41	ਸਤਿਗੁਰ ਵਚਨੁ ਰਤੰਨੁ ਹੈ ਜੋ ਮੰਨੇ ਸੁ ਹਰਿ ਰਸੁ ਖਾਇ॥		Sathigur Vachan Rathann Hai Jo Mannae S Har Ras Khaae ||	The Word of the True Guru is the Jewel. One who believes in it tastes the Sublime Essence of the Lord.	(ਤੇ ਉਹ ਦੱਸਦੀਆਂ ਹਨ ਕਿ) ਸਤਿਗੁਰੂ ਦਾ ਬਚਨ (ਇਕ ਕੀਮਤੀ) ਰਤਨ ਹੈ, ਜੇਹੜਾ ਜੀਵ (ਗੁਰੂ ਦੇ ਬਚਨ ਉੱਤੇ) ਸਰਧਾ ਲਿਆਉਂਦਾ ਹੈ ਉਹ ਪਰਮਾਤਮਾ ਦੇ ਨਾਮ ਦਾ ਰਸ ਚੱਖ ਲੈਂਦਾ ਹੈ।
1685	41	ਸੇ ਵਡਭਾਗੀ ਵਡ ਜਾਣੀਅਹਿ ਜਿਨ ਹਰਿ ਰਸੁ ਖਾਧਾ ਗੁਰ ਭਾਇ॥੨॥		Sae Vaddabhaagee Vadd Jaaneeahi Jin Har Ras Khaadhhaa Gur Bhaae ||2||	Those who partake of the Lord's Sublime Essence, through the Guru's Love, are known as great and very fortunate. ||2||	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਅਨੁਸਾਰ ਰਹਿ ਕੇ ਪਰਮਾਤਮਾ ਦਾ ਨਾਮ-ਰਸ ਚੱਖਿਆ ਹੈ ਉਹ ਵੱਡੇ ਭਾਗਾਂ ਵਾਲੇ ਸਮਝੇ ਜਾਂਦੇ ਹਨ ॥੨॥

1686	41	ਇਹੁ ਹਰਿ ਰਸੁ ਵਣਿ ਤਿਣਿ ਸਭਤੁ ਹੈ ਭਾਗਹੀਣ ਨਹੀ ਖਾਇ॥	ਸਭਤੁ: ਪੋਲਾ ਬੋਲੋ	Eihu Har Ras Van Thin Sabhath Hai Bhaageheen Nehee Khaae ||	This Sublime Essence of the Lord is in the forests, in the fields and everywhere, but the unfortunate ones do not taste it.	(ਜਿਵੇਂ ਜਲ ਸਾਰੀ ਬਨਸਪਤੀ ਨੂੰ ਹਰਿਆਵਲ ਦੇਣ ਵਾਲਾ ਹੈ, ਤਿਵੇਂ) ਪਰਮਾਤਮਾ ਦਾ ਇਹ ਨਾਮ-ਰਸ ਵਣ-ਤ੍ਰਿਣ ਵਿਚ ਹਰ ਥਾਂ ਮੌਜੂਦ ਹੈ (ਤੇ ਸਾਰੀ ਸ੍ਰਿਸ਼ਟੀ ਦੀ ਜਿੰਦ ਦਾ ਆਸਰਾ ਹੈ) ਪਰ ਮੰਦੇ ਭਾਗਾਂ ਵਾਲੀ ਜੀਵ-ਇਸਤ੍ਰੀ ਇਸ ਨਾਮ-ਰਸ ਨੂੰ ਨਹੀਂ ਚੱਖਦੀ।
1687	41	ਬਿਨੁ ਸਤਿਗੁਰ ਪਲੈ ਨਾ ਪਵੈ ਮਨਮੁਖ ਰਹੇ ਬਿਲਲਾਇ॥	(ਬਿਲਲਾਇ) ਤੜਫਦੇ। ਪੱਲੈ	Bin Sathigur Palai Naa Pavai Manamukh Rehae Bilalaae ||	Without the True Guru, it is not obtained. The self-willed manmukhs continue to cry in misery.	ਗੁਰੂ ਦੀ ਸਰਨ ਪੈਣ ਤੋਂ ਬਿਨਾ ਇਹ ਨਾਮ-ਰਸ ਪ੍ਰਾਪਤ ਨਹੀਂ ਹੁੰਦਾ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ (ਨਾਮ-ਰਸ ਤੋਂ ਵਾਂਜੇ ਰਹਿ ਕੇ) ਵਿਲਕਦੇ ਹੀ ਰਹਿੰਦੇ ਹਨ।
1688	41	ਓਇ ਸਤਿਗੁਰ ਆਗੈ ਨਾ ਨਿਵਹਿ ਓਨਾ ਅੰਤਰਿ ਕ੍ਰੋਧੁ ਬਲਾਇ॥੩॥	(ਬਲਾਇ) ਭਿਆਨਕ ਸ਼ੈਅ	Oue Sathigur Aagai Naa Nivehi Ounaa Anthar Krodhh Balaae ||3||	They do not bow before the True Guru; the demon of anger is within them. ||3||	ਉਹਨਾਂ ਦੇ ਅੰਦਰ ਕ੍ਰੋਧ ਆਫ਼ਤ ਟਿਕੀ ਰਹਿੰਦੀ ਹੈ, ਉਹ ਸਤਿਗੁਰੂ ਦੇ ਅੱਗੇ ਸਿਰ ਨਹੀਂ ਨਿਵਾਂਦੇ ॥੩॥
1689	41	ਹਰਿ ਹਰਿ ਹਰਿ ਰਸੁ ਆਪਿ ਹੈ ਆਪੇ ਹਰਿ ਰਸੁ ਹੋਇ॥		Har Har Har Ras Aap Hai Aapae Har Ras Hoe ||	The Lord Himself, Har, Har, Har, is the Sublime Essence. The Lord Himself is the Essence.	(ਪਰਮਾਤਮਾ ਤੇ ਪਰਮਾਤਮਾ ਦੇ ਨਾਮ-ਰਸ ਵਿਚ ਕੋਈ ਫ਼ਰਕ ਨਹੀਂ ਹੈ) ਪਰਮਾਤਮਾ ਆਪ ਹੀ (ਸਭ ਜੀਵਾਂ ਦੀ ਜਿੰਦ ਦਾ ਸਹਾਰਾ) ਰਸ ਹੈ।

1690	41	ਆਪਿ ਦਇਆ ਕਰਿ ਦੇਵਸੀ ਗੁਰਮੁਖਿ ਅੰਮ੍ਰਿਤੁ ਚੋਇ॥		Aap Dhaeiaa Kar Dhaevasee Guramukh Anmrith Choe ||	In His Kindness, He blesses the Gurmukh with it; the Ambrosial Nectar of this Amrit trickles down.	ਪਰਮਾਤਮਾ ਆਪ ਹੀ ਮਿਹਰ ਕਰ ਕੇ ਇਹ ਨਾਮ-ਰਸ ਦੇਂਦਾ ਹੈ (ਜਿਵੇਂ ਸ਼ਹਦ ਦੇ ਛੱਤੇ ਵਿਚੋਂ ਸ਼ਹਦ ਚੋਂਦਾ ਹੈ, ਤਿਵੇਂ) ਗੁਰੂ ਦੀ ਸਰਨ ਪਿਆਂ ਆਤਮਕ ਜੀਵਨ ਦੇਣ ਵਾਲਾ ਰਸ (ਜੀਵ ਦੇ ਅੰਦਰੋਂ) ਚੋਂਦਾ ਹੈ।
1691	41	ਸਭੁ ਤਨੁ ਮਨੁ ਹਰਿਆ ਹੋਇਆ ਨਾਨਕ ਹਰਿ ਵਸਿਆ ਮਨਿ ਸੋਇ॥੪॥੫॥੬੯॥		Sabh Than Man Hariaa Hoeiaa Naanak Har Vasiaa Man Soe ||4||5||69||	Then, the body and mind totally blossom forth and flourish; O Nanak, the Lord comes to dwell within the mind. ||4||5||69||	ਹੇ ਨਾਨਕ! ਜਿਸ ਮਨੁੱਖ ਦੇ ਮਨ ਵਿਚ ਉਹ ਪਰਮਾਤਮਾ ਆ ਵੱਸਦਾ ਹੈ (ਨਾਮ-ਰਸ ਆ ਵੱਸਦਾ ਹੈ) ਉਸ ਦਾ ਸਾਰਾ ਸਰੀਰ, ਉਸ ਦਾ ਮਨ ਹਰਾ ਹੋ ਜਾਂਦਾ ਹੈ (ਖਿੜ ਪੈਂਦਾ ਹੈ) ॥੪॥੫॥੬੯॥
1692	41	ਸਿਰੀਰਾਗੁ ਮਹਲਾ ੪॥		Sireeraag Mehalaa 4 ||	Siree Raag, Fourth Mehl:	
1693	41	ਦਿਨਸੁ ਚੜੈ ਫਿਰਿ ਆਥਵੈ ਰੈਣਿ ਸਬਾਈ ਜਾਇ॥	(ਸਬਾਈ) ਸਾਰੀ। ਚੜੈ	Dhinas Charrai Fir Aathhavai Rain Sabaaee Jaae ||	The day dawns, and then it ends, and the night passes away.	ਦਿਨ ਚੜ੍ਹਦਾ ਹੈ ਫਿਰ ਡੁੱਬ ਜਾਂਦਾ ਹੈ, ਸਾਰੀ ਰਾਤ ਭੀ ਲੰਘ ਜਾਂਦੀ ਹੈ।

1694	41	ਆਂਵ ਘਟੈ ਨਰੁ ਨਾ ਬੁਝੈ ਨਿਤਿ ਮੂਸਾ ਲਾਜੁ ਟੁਕਾਇ॥	(ਆਂਵ) ਉਮਰ। ਕਾਲ ਰੂਪੀ (ਮੂੱਸਾ) ਚੂਹਾ। ਜੀਵਨ ਰੂਪੀ (ਲਾਜੁ) ਲੱਜ। ਬੁੱਝੈ	Aav Ghattai Nar Naa Bujhai Nith Moosaa Laaj Ttukaae ||	Man's life is diminishing, but he does not understand. Each day, the mouse of death is gnawing away at the rope of life.	(ਇਸ ਕਰਕੇ ਤਰ੍ਹਾਂ ਸਹਜੇ ਸਹਜੇ) ਉਹ ਘਟਦੀ ਜਾਂਦੀ ਹੈ ਪਰ ਮਨੁੱਖ ਸਮਝਦਾ ਨਹੀਂ (ਗੁਜ਼ਰਦਾ ਸਮਾ ਮਨੁੱਖ ਦੀ ਉਮਰ ਨੂੰ ਇਉਂ ਕੱਟਦਾ ਜਾ ਰਿਹਾ ਹੈ ਜਿਵੇਂ) ਚੂਹਾ ਸਦਾ ਰੱਸੀ ਨੂੰ ਟੁੱਕਦਾ ਜਾਂਦਾ ਹੈ।
1695	41	ਗੁੜੁ ਮਿਠਾ ਮਾਇਆ ਪਸਰਿਆ ਮਨਮੁਖੁ ਲਗਿ ਮਾਖੀ ਪਚੈ ਪਚਾਇ॥੧॥	(ਪਚੈ) ਸੜਦੇ	Gurr Mithaa Maaeiaa Pasariaa Manamukh Lag Maakhee Pachai Pachaae ||1||	Maya spreads out like sweet molasses; the self-willed manmukh is stuck like a fly, rotting away. ||1||	(ਜਿਵੇਂ) ਗੁੜ (ਜੀਵਾਂ ਨੂੰ) ਮਿੱਠਾ (ਲੱਗਦਾ ਹੈ, ਤਿਵੇਂ) ਮਾਇਆ ਦਾ ਮਿੱਠਾ ਮੋਹ ਪ੍ਰਭਾਵ ਪਾ ਰਿਹਾ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮਾਇਆ ਦੀ ਮਿਠਾਸ ਵਿਚ ਫਸ ਕੇ ਖ਼ੁਆਰ ਹੁੰਦਾ ਹੈ ਜਿਵੇਂ ਮੱਖੀ ਗੁੜ ਉਤੇ ਚੰਬੜ ਕੇ ਮਰ ਜਾਂਦੀ ਹੈ ॥੧॥
1696	41	ਭਾਈ ਰੇ ਮੈ ਮੀਤੁ ਸਖਾ ਪ੍ਰਭੁ ਸੋਇ॥		Bhaaee Rae Mai Meeth Sakhaa Prabh Soe ||	O Siblings of Destiny, God is my Friend and Companion.	ਹੇ ਭਾਈ! ਮੇਰੇ ਵਾਸਤੇ ਤਾਂ ਉਹ ਪਰਮਾਤਮਾ ਹੀ ਮਿੱਤਰ ਹੈ, ਸਾਥੀ ਹੈ।
1697	41	ਪੁਤੁ ਕਲਤੁ ਮੋਹੁ ਬਿਖੁ ਹੈ ਅੰਤਿ ਬੇਲੀ ਕੋਇ ਨ ਹੋਇ॥੧॥ਰਹਾਉ॥	(ਕ-ਲੱਤੁ) ਇਸਤ੍ਰੀ। ਪੁੱਤੁ	Puth Kalath Mohu Bikh Hai Anth Baelee Koe N Hoe ||1|| Rehaao ||	Emotional attachment to children and spouse is poison; in the end, no one will go along with you as your helper. ||1||Pause||	ਪੁੱਤਰ (ਦਾ) ਇਸਤ੍ਰੀ (ਦਾ) ਮੋਹ ਜ਼ਹਰ ਹੈ (ਜੋ ਆਤਮਕ ਜੀਵਨ ਨੂੰ ਮੁਕਾ ਦੇਂਦਾ ਹੈ, ਅਤੇ ਪੁੱਤਰ ਇਸਤ੍ਰੀ ਆਦਿਕ ਵਿਚੋਂ) ਅੰਤ ਵੇਲੇ ਕੋਈ ਸਾਥੀ (ਭੀ) ਨਹੀਂ ਬਣਦਾ ॥੧॥ ਰਹਾਉ ॥

1698	41	ਗੁਰਮਤਿ ਹਰਿ ਲਿਵ ਉਬਰੇ ਅਲਿਪਤੁ ਰਹੇ ਸਰਣਾਇ॥	(ਅ-ਲਿਪਤੁ) ਨਿਰਲੇਪ	Guramath Har Liv Oubarae Alipath Rehae Saranaae ||	Through the Guru's Teachings, some embrace love for the Lord, and are saved. They remain detached and unaffected, and they find the Sanctuary of the Lord.	(ਜੇਹੜੇ ਮਨੁੱਖ ਗੁਰੂ ਦੀ ਮਤਿ ਲੈ ਕੇ ਪਰਮਾਤਮਾ ਵਿਚ ਸੁਰਤ ਜੋੜਦੇ ਹਨ ਉਹ (ਇਸ ਮੌਤ ਤੋਂ) ਬਚ ਜਾਂਦੇ ਹਨ, ਪ੍ਰਭੂ ਦੀ ਸਰਨ ਪੈ ਕੇ ਉਹ ਨਿਰਲੇਪ ਰਹਿੰਦੇ ਹਨ।
1699	42	ਓਨੀ ਚਲਣੁ ਸਦਾ ਨਿਹਾਲਿਆ ਹਰਿ ਖਰਚੁ ਲੀਆ ਪਤਿ ਪਾਇ॥	(ਨਿਹਾਲਿਆ) ਦੇਖਿਆ। ਪਤਿ:ਪੋਲਾ ਬੋਲੋ। (ਪਤਿ) ਇੱਜ਼ਤ	Ounee Chalan Sadhaa Nihaaliaa Har Kharach Leeaa Path Paae ||	They keep death constantly before their eyes; they gather the Provisions of the Lord's Name, and receive honor.	ਉਹਨਾਂ ਮਨੁੱਖਾਂ ਨੇ (ਜਗਤ ਤੋਂ ਆਖ਼ਰ) ਚਲੇ ਜਾਣ ਨੂੰ ਸਦਾ (ਸਾਹਮਣੇ) ਵੇਖਿਆ ਹੈ, ਉਹਨਾਂ ਨੇ ਪਰਮਾਤਮਾ ਦਾ ਨਾਮ (ਜੀਵਨ-ਸਫ਼ਰ ਵਾਸਤੇ) ਖ਼ਰਚ ਇਕੱਠਾ ਕੀਤਾ ਹੈ ਤੇ (ਲੋਕ ਪਰਲੋਕ ਵਿਚ) ਇੱਜ਼ਤ ਪਾਈ ਹੈ।
1700	42	ਗੁਰਮੁਖਿ ਦਰਗਹ ਮੰਨੀਅਹਿ ਹਰਿ ਆਪਿ ਲਏ ਗਲਿ ਲਾਇ॥੨॥		Guramukh Dharageh Manneeahi Har Aap Leae Gal Laae ||2||	The Gurmukhs are honored in the Court of the Lord. The Lord Himself takes them in His Loving Embrace. ||2||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਪ੍ਰਭੂ ਦੀ ਹਜ਼ੂਰੀ ਵਿਚ ਸਤਕਾਰੇ ਜਾਂਦੇ ਹਨ, ਪਰਮਾਤਮਾ ਆਪ ਉਹਨਾਂ ਨੂੰ ਆਪਣੇ ਗਲ ਲਾਂਦਾ ਹੈ ॥੨॥

1701	42	ਗੁਰਮੁਖਾ ਨੋ ਪੰਥੁ ਪਰਗਟਾ ਦਰਿ ਠਾਕ ਨ ਕੋਈ ਪਾਇ॥	(ਪੰਥੁ) ਰਸਤਾ। (ਠਾਕ) ਰੋਕ	Guramukhaa No Panthh Paragattaa Dhar Thaak N Koee Paae ||	For the Gurmukhs, the Way is obvious. At the Lord's Door, they face no obstructions.	ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦਿਆਂ ਨੂੰ (ਜੀਵਨ ਦਾ) ਰਸਤਾ ਸਾਫ਼ ਪੱਧਰਾ ਦਿੱਸਦਾ ਹੈ, ਪਰਮਾਤਮਾ ਦੇ ਦਰ ਤੇ ਉਹਨਾਂ ਦੇ ਪਹੁੰਚਣ ਦੇ ਰਾਹ ਵਿਚ ਕੋਈ ਰੁਕਾਵਟ ਨਹੀਂ ਪਾਂਦਾ।
1702	42	ਹਰਿ ਨਾਮੁ ਸਲਾਹਨਿ ਨਾਮੁ ਮਨਿ ਨਾਮਿ ਰਹਨਿ ਲਿਵ ਲਾਇ॥		Har Naam Salaahan Naam Man Naam Rehan Liv Laae ||	They praise the Lord's Name, they keep the Naam in their minds, and they remain attached to the Love of the Naam.	ਉਹ ਪਰਮਾਤਮਾ ਦੇ ਨਾਮ ਦੀ ਸਿਫ਼ਤ-ਸਾਲਾਹ ਕਰਦੇ ਰਹਿੰਦੇ ਹਨ, ਪਰਮਾਤਮਾ ਦਾ ਨਾਮ ਉਹਨਾਂ ਦੇ ਮਨ ਵਿਚ ਵੱਸਦਾ ਰਹਿੰਦਾ ਹੈ, ਉਹ ਸਦਾ ਪ੍ਰਭੂ-ਨਾਮ ਵਿਚ ਸੁਰਤ ਜੋੜੀ ਰੱਖਦੇ ਹਨ।
1703	42	ਅਨਹਦ ਧੁਨੀ ਦਰਿ ਵਜਦੇ ਦਰਿ ਸਚੈ ਸੋਭਾ ਪਾਇ॥੩॥	ਅਨਹਦ:ਪੋਲਾ ਬੋਲੋ। (ਅਨਹਦ) ਇੱਕ ਰਸ	Anehadh Dhhunee Dhar Vajadhae Dhar Sachai Sobhaa Paae ||3||	The Unstruck Celestial Music vibrates for them at the Lord's Door, and they are honored at the True Door. ||3||	ਉਹਨਾਂ ਦੇ ਅੰਦਰ ਇਕ-ਰਸ ਸੁਰ ਨਾਲ ਪ੍ਰਭੂ ਦੀ ਸਿਫ਼ਤਿ ਦੇ (ਮਾਨੋ, ਵਾਜੇ) ਵੱਜਦੇ ਰਹਿੰਦੇ ਹਨ। ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਉਹਨਾਂ ਨੂੰ ਸੋਭਾ ਮਿਲਦੀ ਹੈ ॥੩॥
1704	42	ਜਿਨੀ ਗੁਰਮੁਖਿ ਨਾਮੁ ਸਲਾਹਿਆ ਤਿਨਾ ਸਭ ਕੋ ਕਹੈ ਸਾਬਾਸਿ॥		Jinee Guramukh Naam Salaahiaa Thinaa Sabh Ko Kehai Saabaas ||	Those Gurmukhs who praise the Naam are applauded by everyone.	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਸਨਮੁਖ ਹੋ ਕੇ ਪਰਮਾਤਮਾ ਦੇ ਨਾਮ ਦੀ ਸਿਫ਼ਤ-ਸਾਲਾਹ ਕੀਤੀ ਹੈ, ਹਰ ਕੋਈ ਉਹਨਾਂ ਨੂੰ ਵਾਹ ਵਾਹ ਆਖਦਾ ਹੈ।

1705	42	ਤਿਨ ਕੀ ਸੰਗਤਿ ਦੇਹਿ ਪ੍ਰਭ ਮੈ ਜਾਚਿਕ ਕੀ ਅਰਦਾਸਿ॥	(ਜਾਚਿਕ) ਮੰਗਤਾ	Thin Kee Sangath Dhaehi Prabh Mai Jaachik Kee Aradhaas ||	Grant me their company, God-I am a beggar; this is my prayer.	ਹੇ ਪ੍ਰਭੂ! ਮੈਂ ਮੰਗਤੇ ਦੀ ਤੇਰੇ ਅੱਗੇ ਅਰਜ਼ੋਈ ਹੈ ਕਿ ਮੈਨੂੰ ਉਹਨਾਂ ਦੀ ਸੰਗਤਿ ਬਖ਼ਸ਼।
1706	42	ਨਾਨਕ ਭਾਗ ਵਡੇ ਤਿਨਾ ਗੁਰਮੁਖਾ ਜਿਨ ਅੰਤਰਿ ਨਾਮੁ ਪਰਗਾਸਿ॥੪॥੩੩॥ ੩੧॥੬॥੭੦॥		Naanak Bhaag Vaddae Thinaa Guramukhaa Jin Anthar Naam Paragaas ||4||33||31||6|| 70||	O Nanak, great is the good fortune of those Gurmukhs, who are filled with the Light of the Naam within. ||4||33||31||6||70||	ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲੇ ਉਹਨਾਂ ਮਨੁੱਖਾਂ ਦੇ ਵੱਡੇ ਭਾਗ ਜਾਗ ਪੈਂਦੇ ਹਨ, ਜਿਨ੍ਹਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ (ਆਤਮਕ) ਚਾਨਣ ਪੈਦਾ ਕਰ ਦੇਂਦਾ ਹੈ ॥੪॥੩੩॥੩੧॥੬॥੭੦॥{41-42}
1707	42	ਸਿਰੀਰਾਗੁ ਮਹਲਾ ੫ ਘਰੁ ੧॥		Sireeraag Mehalaa 5 Ghar 1 ||	Siree Raag, Fifth Mehl, First House:	
1708	42	ਕਿਆ ਤੂ ਰਤਾ ਦੇਖਿ ਕੈ ਪੁਤ੍ਰ ਕਲਤ੍ਰ ਸੀਗਾਰ॥	(ਕ-ਲੱਤ੍ਰ) ਇਸਤ੍ਰੀ	Kiaa Thoo Rathaa Dhaekh Kai Puthr Kalathr Seegaar ||	Why are you so thrilled by the sight of your son and your beautifully decorated wife?	ਹੇ ਮੂਰਖ! ਤੂੰ (ਆਪਣੇ) ਪੁੱਤਰਾਂ ਨੂੰ ਵੇਖ ਕੇ (ਆਪਣੀ) ਇਸਤ੍ਰੀ ਦੇ ਹਾਵ-ਭਾਵ ਨੂੰ ਵੇਖ ਕੇ ਕਿਉਂ ਮਸਤ ਹੋ ਰਿਹਾ ਹੈਂ?
1709	42	ਰਸ ਭੋਗਹਿ ਖੁਸੀਆ ਕਰਹਿ ਮਾਣਹਿ ਰੰਗ ਅਪਾਰ॥	ਖੁਸੀਆਂ	Ras Bhogehi Khuseeaa Karehi Maanehi Rang Apaar ||	You enjoy tasty delicacies, you have lots of fun, and you indulge in endless pleasures.	ਤੂੰ (ਦੁਨੀਆ ਦੇ ਕਈ) ਰਸ ਭੋਗਦਾ ਹੈਂ, ਤੂੰ (ਕਈ ਤਰ੍ਹਾਂ ਦੀਆਂ) ਖ਼ੁਸ਼ੀਆਂ ਮਾਣਦਾ ਹੈਂ, ਤੂੰ ਅਨੇਕਾਂ (ਕਿਸਮ ਦੀਆਂ) ਮੌਜਾਂ ਮਾਣਦਾ ਹੈਂ।

1710	42	ਬਹੁਤੁ ਕਰਹਿ ਫੁਰਮਾਇਸੀ ਵਰਤਹਿ ਹੋਇ ਅਫਾਰ॥	(ਫੁਰਮਾਇਸੀ) ਹੁਕਮ। (ਅਫਾਰ) ਹੰਕਾਰੀ	Bahuth Karehi Furamaaeisee Varathehi Hoe Afaar ||	You give all sorts of commands, and you act so superior.	ਤੂੰ ਬੜੇ ਹੁਕਮ (ਭੀ) ਕਰਦਾ ਹੈਂ, ਤੂੰ ਅਹੰਕਾਰੀ ਹੋ ਕੇ (ਲੋਕਾਂ ਨਾਲ ਅਹੰਕਾਰ ਵਾਲਾ) ਵਰਤਾਉ ਕਰਦਾ ਹੈਂ।
1711	42	ਕਰਤਾ ਚਿਤਿ ਨ ਆਵਈ ਮਨਮੁਖ ਅੰਧ ਗਵਾਰ॥੧॥		Karathaa Chith N Aavee Manamukh Andhh Gavaar ||1||	The Creator does not come into the mind of the blind, idiotic, self-willed manmukh. ||1||	ਹੇ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਮਨੁੱਖ! ਤੈਨੂੰ ਕਰਤਾਰ ਚੇਤੇ ਹੀ ਨਹੀਂ ਰਿਹਾ ॥੧॥
1712	42	ਮੇਰੇ ਮਨ ਸੁਖਦਾਤਾ ਹਰਿ ਸੋਇ॥		Maerae Man Sukhadhaathaa Har Soe ||	O my mind, the Lord is the Giver of peace.	ਹੇ ਮੇਰੇ ਮਨ! ਉਹ ਪਰਮਾਤਮਾ ਆਪ ਹੀ ਸੁਖਾਂ ਦਾ ਦੇਣ ਵਾਲਾ ਹੈ।
1713	42	ਗੁਰ ਪਰਸਾਦੀ ਪਾਈਐ ਕਰਮਿ ਪਰਾਪਤਿ ਹੋਇ॥੧॥ਰਹਾਉ॥		Gur Parasaadhee Paaeeai Karam Paraapath Hoe ||1|| Rehaao ||	By Guru's Grace, He is found. By His Mercy, He is obtained. ||1||Pause||	(ਉਹ ਪਰਮਾਤਮਾ) ਗੁਰੂ ਦੀ ਕਿਰਪਾ ਨਾਲ ਮਿਲਦਾ ਹੈ (ਆਪਣੀ ਹੀ) ਮਿਹਰ ਨਾਲ ਮਿਲਦਾ ਹੈ ॥੧॥ ਰਹਾਉ ॥
1714	42	ਕਪੜਿ ਭੋਗਿ ਲਪਟਾਇਆ ਸੁਇਨਾ ਰੁਪਾ ਖਾਕੁ॥		Kaparr Bhog Lapattaaeiaa Sueinaa Rupaa Khaak ||	People are entangled in the enjoyment of fine clothes, but gold and silver are only dust.	(ਹੇ ਮੂਰਖ!) ਤੂੰ ਖਾਣ ਵਿਚ ਹੰਢਾਣ ਵਿਚ ਮਸਤ ਹੋ ਰਿਹਾ ਹੈਂ, ਤੂੰ ਸੋਨਾ ਚਾਂਦੀ ਧਰਤੀ ਇਕੱਠੀ ਕਰ ਰਿਹਾ ਹੈਂ।

1715	42	ਹੈਵਰ ਗੈਵਰ ਬਹੁ ਰੰਗੇ ਕੀਏ ਰਥ ਅਥਾਕ॥	(ਹੈਵਰ)ਸ੍ਰੇਸ਼ਟ ਘੋੜੇ। (ਗੈਵਰ) ਸ੍ਰੇਸ਼ਟ ਹਾਥੀ। (ਅਥਾਕ) ਅਥੱਕ	Haivar Gaivar Bahu Rangae Keeeae Rathh Athhaak ||	They acquire beautiful horses and elephants, and ornate carriages of many kinds.	ਤੂੰ ਕਈ ਕਿਸਮਾਂ ਦੇ ਵਧੀਆ ਘੋੜੇ, ਵਧੀਆ ਹਾਥੀ ਤੇ ਕਦੇ ਨਾਹ ਥੱਕਣ ਵਾਲੇ ਰਥ ਇਕੱਠੇ ਕਰ ਲਏ ਹਨ।
1716	42	ਕਿਸ ਹੀ ਚਿਤਿ ਨ ਪਾਵਹੀ ਬਿਸਰਿਆ ਸਭ ਸਾਕ॥	(ਪਾਵਹੀ) ਪਾਉਂਦਾ, ਲਿਆਉਂਦਾ	Kis Hee Chith N Paavehee Bisariaa Sabh Saak ||	They think of nothing else, and they forget all their relatives.	(ਮਾਇਆ ਦੀ ਮਸਤੀ ਵਿਚ) ਤੂੰ ਆਪਣੇ ਸਾਕ ਸਨਬੰਧੀਆਂ ਨੂੰ (ਭੀ) ਭੁਲਾ ਬੈਠਾ ਹੈਂ, ਕਿਸੇ ਨੂੰ ਤੂੰ ਆਪਣੇ ਚਿੱਤ ਵਿਚ ਨਹੀਂ ਲਿਆਉਂਦਾ।
1717	42	ਸਿਰਜਣਹਾਰਿ ਭੁਲਾਇਆ ਵਿਣੁ ਨਾਵੈ ਨਾਪਾਕ॥੨॥	(ਨਾ-ਪਾਕ) ਅਪਵਿੱਤ੍ਰ	Sirajanehaar Bhulaaeiaa Vin Naavai Naapaak ||2||	They ignore their Creator; without the Name, they are impure. ||2||	ਪਰਮਾਤਮਾ ਦੇ ਨਾਮ ਤੋਂ ਬਿਨਾ ਤੂੰ (ਆਤਮਕ ਜੀਵਨ ਵਿਚ) ਗੰਦਾ ਹੈਂ, ਸਿਰਜਨਹਾਰ ਪ੍ਰਭੂ ਨੇ (ਤੈਨੂੰ) ਆਪਣੇ ਮਨੋਂ ਲਾਹ ਦਿੱਤਾ ਹੈ ॥੨॥
1718	42	ਲੈਦਾ ਬਦਦੁਆਇ ਤੂੰ ਮਾਇਆ ਕਰਹਿ ਇਕਤ॥	(ਬਦ-ਦੁਆਇ) ਬਦਅਸੀਸਾਂ। (ਇ-ਕੱਤ) ਇਕੱਤ੍ਰ	Laidhaa Badh Dhuaae Thoon Maaeiaa Karehi Eikath ||	Gathering the wealth of Maya, you earn an evil reputation.	(ਹੇ ਮੂਰਖ!) ਤੂੰ (ਧੱਕੇ ਧੋੜੇ ਕਰ ਕੇ) ਮਾਇਆ ਇਕੱਠੀ ਕਰਦਾ ਹੈਂ (ਜਿਸ ਕਰਕੇ ਲੋਕਾਂ ਦੀਆਂ) ਬਦ-ਅਸੀਸਾਂ ਲੈਂਦਾ ਹੈਂ।
1719	42	ਜਿਸ ਨੋ ਤੂੰ ਪਤੀਆਇਦਾ ਸੋ ਸਣੁ ਤੁਝੈ ਅਨਿਤ॥	ਪਤੀਆਇਦਾ:ਪੋਲਾ ਬੋਲੋ। (ਪਤੀ-ਆਇਦਾ) ਪ੍ਰਸੰਨ ਕਰਦਾ ਹੈਂ। (ਸਣੁ) ਸਮੇਤ। (ਅ-ਨਿੱਤ) ਨਾਸਵੰਤ	Jis No Thoon Patheeaaeidhaa So San Thujhai Anith ||	Those whom you work to please shall pass away along with you.	(ਪਰ) ਜਿਸ (ਪਰਵਾਰ) ਨੂੰ ਤੂੰ (ਇਸ ਮਾਇਆ ਨਾਲ) ਖ਼ੁਸ਼ ਕਰਦਾ ਹੈਂ ਉਹ ਤੇਰੇ ਸਮੇਤ ਹੀ ਨਾਸਵੰਤ ਹੈ।

1720	42	ਅਹੰਕਾਰੁ ਕਰਹਿ ਅਹੰਕਾਰੀਆ ਵਿਆਪਿਆ ਮਨ ਕੀ ਮਤਿ॥	ਅਹੰ-ਕਾਰੁ	Ahankaar Karehi Ahankaareeaa Viaapiaa Man Kee Math ||	The egotistical are engrossed in egotism, ensnared by the intellect of the mind.	ਹੇ ਅਹੰਕਾਰੀ! ਤੂੰ ਆਪਣੇ ਮਨ ਦੀ ਮਤਿ ਦੇ ਦਬਾਉ ਹੇਠ ਆਇਆ ਹੋਇਆ ਹੈਂ ਤੇ (ਮਾਇਆ ਦਾ) ਮਾਣ ਕਰਦਾ ਹੈਂ।
1721	42	ਤਿਨਿ ਪ੍ਰਭਿ ਆਪਿ ਭੁਲਾਇਆ ਨਾ ਤਿਸੁ ਜਾਤਿ ਨ ਪਤਿ॥੩॥	ਪਤਿ: ਪੋਲਾ ਬੋਲੋ	Thin Prabh Aap Bhulaaeiaa Naa This Jaath N Path ||3||	One who is deceived by God Himself, has no position and no honor. ||3||	ਜਿਸ (ਮੰਦ ਭਾਗੀ ਜੀਵ) ਨੂੰ ਉਸ ਪ੍ਰਭੂ ਨੇ ਆਪ ਹੀ ਕੁਰਾਹੇ ਪਾ ਦਿੱਤਾ ਹੈ (ਪ੍ਰਭੂ ਦੀ ਹਜ਼ੂਰੀ ਵਿਚ) ਨਾਹ ਉਸ ਦੀ (ਉੱਚੀ) ਜਾਤਿ (ਮੁੱਲ ਪਾਂਦੀ ਹੈ) ਨਾਹ (ਦੁਨੀਆ ਵਾਲੀ ਕੋਈ) ਇੱਜ਼ਤ ॥੩॥
1722	42	ਸਤਿਗੁਰਿ ਪੁਰਖਿ ਮਿਲਾਇਆ ਇਕੋ ਸਜਣੁ ਸੋਇ॥		Sathigur Purakh Milaaeiaa Eiko Sajan Soe ||	The True Guru, the Primal Being, has led me to meet the One, my only Friend.	ਅਕਾਲ ਪੁਰਖ ਦੇ ਰੂਪ ਸਤਿਗੁਰੂ ਨੇ ਜਿਸ ਮਨੁੱਖ ਨੂੰ ਉਹ ਪ੍ਰਭੂ-ਸੱਜਣ ਹੀ ਮਿਲਾ ਦਿੱਤਾ ਹੈ, ਪ੍ਰਭੂ ਦੇ ਉਸ ਸੇਵਕ ਦਾ ਰਾਖਾ (ਹਰ ਥਾਂ) ਪ੍ਰਭੂ ਆਪ ਹੀ ਬਣਦਾ ਹੈ।
1723	42	ਹਰਿ ਜਨ ਕਾ ਰਾਖਾ ਏਕੁ ਹੈ ਕਿਆ ਮਾਣਸ ਹਉਮੈ ਰੋਇ॥		Har Jan Kaa Raakhaa Eaek Hai Kiaa Maanas Houmai Roe ||	The One is the Saving Grace of His humble servant. Why should the proud cry out in ego?	ਦੁਨੀਆ ਦੇ ਬੰਦੇ ਉਸ ਦਾ ਕੁਝ ਵਿਗਾੜ ਨਹੀਂ ਸਕਦੇ। (ਪਰ ਆਪਣੀ) ਹਉਮੈ ਵਿਚ (ਫਸਿਆ ਮਨੁੱਖ) ਦੁਖੀ (ਹੀ) ਹੁੰਦਾ ਹੈ।

1724	42	ਜੋ ਹਰਿ ਜਨ ਭਾਵੈ ਸੋ ਕਰੇ ਦਰਿ ਫੇਰੁ ਨ ਪਾਵੈ ਕੋਇ॥		Jo Har Jan Bhaavai So Karae Dhar Faer N Paavai Koe ||	As the servant of the Lord wills, so does the Lord act. At the Lord's Door, none of his requests are denied.	ਪਰਮਾਤਮਾ ਦੇ ਸੇਵਕ ਨੂੰ ਜੋ ਚੰਗਾ ਲੱਗਦਾ ਹੈ, ਪਰਮਾਤਮਾ ਉਹੀ ਕਰਦਾ ਹੈ। ਪਰਮਾਤਮਾ ਦੇ ਦਰ ਤੇ ਉਸ ਦੀ ਗੱਲ ਦਾ ਕੋਈ ਮੋੜਾ ਨਹੀਂ ਕਰ ਸਕਦਾ।
1725	42	ਨਾਨਕ ਰਤਾ ਰੰਗਿ ਹਰਿ ਸਭ ਜਗ ਮਹਿ ਚਾਨਣੁ ਹੋਇ॥੪॥੧॥੭੧॥		Naanak Rathaa Rang Har Sabh Jag Mehi Chaanan Hoe ||4||1||71||	Nanak is attuned to the Love of the Lord, whose Light pervades the entire Universe. ||4||1||71||	ਹੇ ਨਾਨਕ! ਜੇਹੜਾ ਮਨੁੱਖ ਪਰਮਾਤਮਾ ਦੇ ਪਿਆਰ-ਰੰਗ ਵਿਚ ਰੰਗਿਆ ਰਹਿੰਦਾ ਹੈ, ਉਹ ਸਾਰੇ ਜਗਤ ਵਿਚ ਚਾਨਣ(-ਮੁਨਾਰਾ) ਬਣ ਜਾਂਦਾ ਹੈ ॥੪॥੧॥੭੧॥
1726	42	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
1727	42	ਮਨਿ ਬਿਲਾਸੁ ਬਹੁ ਰੰਗੁ ਘਣਾ ਦ੍ਰਿਸਟਿ ਭੂਲਿ ਖੁਸੀਆ॥	(ਬਿਲਾਸੁ) ਖੁਸ਼ੀਆਂ	Man Bilaas Bahu Rang Ghanaa Dhrisatt Bhool Khuseeaa ||	With the mind caught up in playful pleasures, involved in all sorts of amusements and sights that stagger the eyes, people are led astray.	ਜੇ ਕਿਸੇ ਮਨੁੱਖ ਦੇ ਮਨ ਵਿਚ ਕਈ ਕਿਸਮਾਂ ਦਾ ਬਹੁਤ ਚਾ-ਮਲ੍ਹਾਰ ਹੋਵੇ, ਜੇ ਉਸ ਦੀ ਨਿਗਾਹ (ਦੁਨੀਆ ਦੀਆਂ) ਖ਼ੁਸ਼ੀਆਂ ਵਿਚ ਹੀ ਭੁੱਲੀ ਰਹੇ,

1728	42	ਛਤ੍ਰਧਾਰ ਬਾਦਿਸਾਹੀਆ ਵਿਚਿ ਸਹਸੇ ਪਰੀਆ॥੧॥	(ਸਹਸੇ) ਫਿਕਰ	Shhathradhhaar Baadhisaaheeaa Vich Sehasae Pareeaa ||1||	The emperors sitting on their thrones are consumed by anxiety. ||1||	ਜੇ ਅਜੇਹੀਆਂ ਬਾਦਿਸ਼ਾਹੀਆਂ ਮਿਲੀਆਂ ਹੋਈਆਂ ਹੋਣ ਕਿ ਸਿਰ ਉੱਤੇ ਛਤਰ ਟਿਕੇ ਰਹਿਣ, ਤਾਂ ਭੀ (ਸਾਧ ਸੰਗਤਿ ਤੋਂ ਬਿਨਾ ਇਹ ਸਭ ਮੌਜਾਂ) ਸਹਮ ਵਿਚ ਪਾਈ ਰੱਖਦੀਆਂ ਹਨ ॥੧॥
1729	42	ਭਾਈ ਰੇ ਸੁਖੁ ਸਾਧਸੰਗਿ ਪਾਇਆ॥		Bhaaee Rae Sukh Saadhhasang Paaeiaa ||	O Siblings of Destiny, peace is found in the Saadh Sangat, the Company of the Holy.	ਹੇ ਭਾਈ! ਸਾਧ ਸੰਗਤਿ ਵਿਚ (ਹੀ) ਸੁਖ ਮਿਲਦਾ ਹੈ।
1730	42	ਲਿਖਿਆ ਲੇਖੁ ਤਿਨਿ ਪੁਰਖਿ ਬਿਧਾਤੈ ਦੁਖੁ ਸਹਸਾ ਮਿਟਿ ਗਇਆ॥੧॥ਰਹਾਉ ॥	(ਬਿਧਾਤੈ) ਸਿਰਜਨਹਾਰ। ਗ-ਇਆ	Likhiaa Laekh Thin Purakh Bidhhaathai Dhukh Sehasaa Mitt Gaeiaa ||1|| Rehaao ||	If the Supreme Lord, the Architect of Destiny, writes such an order, then anguish and anxiety are erased. ||1||Pause||	ਉਸ ਅਕਾਲ ਪੁਰਖ ਸਿਰਜਨਹਾਰ ਨੇ (ਜਿਸ ਦੇ ਮੱਥੇ ਉੱਤੇ ਚੰਗੇ ਭਾਗਾਂ ਦਾ) ਲੇਖ ਲਿਖ ਦਿੱਤਾ (ਉਸ ਨੂੰ ਸਤਸੰਗ ਮਿਲਦਾ ਹੈ ਤੇ ਉਸ ਦਾ) ਦੁੱਖ ਸਹਮ ਦੂਰ ਹੋ ਜਾਂਦਾ ਹੈ ॥੧॥ ਰਹਾਉ ॥
1731	42	ਜੇਤੇ ਥਾਨ ਥਨੰਤਰਾ ਤੇਤੇ ਭਵਿ ਆਇਆ॥	(ਥਨੰਤਰਾ) ਥਾਵਾਂ ਅੰਦਰ। (ਭਵਿ) ਫਿਰ ਕੇ	Jaethae Thhaan Thhanantharaa Thaethae Bhav Aaeiaa ||	There are so many places-I have wandered through them all.	ਧਰਤੀ ਦੇ ਜਿਤਨੇ ਭੀ ਸੋਹਣੇ ਸੋਹਣੇ ਥਾਂ ਹਨ (ਜੇ ਕੋਈ ਮਨੁੱਖ) ਉਹ ਸਾਰੇ ਹੀ ਥਾਂ ਭਉਂ ਭਉਂ ਕੇ ਵੇਖ ਆਇਆ ਹੋਵੇ,

1732	42	ਧਨ ਪਾਤੀ ਵਡ ਭੂਮੀਆ ਮੇਰੀ ਮੇਰੀ ਕਰਿ ਪਰਿਆ॥੨॥		Dhhan Paathee Vadd Bhoomeeaa Maeree Maeree Kar Pariaa ||2||	The masters of wealth and the great land-lords have fallen, crying out, ""This is mine! This is mine!""||2||	ਜੇ ਕੋਈ ਬਹੁਤ ਧਨਾਢ ਹੋਵੇ, ਬਹੁਤ ਭੁਇਂ ਦਾ ਮਾਲਕ ਹੋਵੇ, ਤਾਂ ਭੀ (ਸਾਧ ਸੰਗਤਿ ਤੋਂ ਬਿਨਾ) 'ਮੇਰੀ ਭੁਇਂ' ਆਖ ਆਖ ਕੇ ਦੁਖੀ ਰਹਿੰਦਾ ਹੈ ॥੨॥
1733	42	ਹੁਕਮੁ ਚਲਾਏ ਨਿਸੰਗ ਹੋਇ ਵਰਤੈ ਅਫਰਿਆ॥	(ਨਿਸੰਗ) ਬੇ-ਰੋਕ। ਹੰਕਾਰ ਦੀ ਹਵਾ ਚ (ਅ-ਫਰਿਆ) ਅਮੋੜ	Hukam Chalaaeae Nisang Hoe Varathai Afariaa ||	They issue their commands fearlessly, and act in pride.	ਜੇ ਕੋਈ ਮਨੁੱਖ ਡਰ-ਖ਼ਤਰਾ-ਝਾਕਾ ਲਾਹ ਕੇ (ਲੋਕਾਂ ਉੱਤੇ) ਆਪਣਾ ਹੁਕਮ ਚਲਾਏ, ਲੋਕਾਂ ਨਾਲ ਬੜੀ ਆਕੜ ਵਾਲਾ ਸਲੂਕ ਕਰੇ,
1734	42	ਸਭੁ ਕੋ ਵਸਗਤਿ ਕਰਿ ਲਇਓਨੁ ਬਿਨੁ ਨਾਵੈ ਖਾਕੁ ਰਲਿਆ॥੩॥	ਵੱਸ-ਗਤਿ। ਗਤਿ:ਪੋਲਾ ਬੋਲੋ	Sabh Ko Vasagath Kar Laeioun Bin Naavai Khaak Raliaa ||3||	They subdue all under their command, but without the Name, they are reduced to dust. ||3||	ਜੇ ਉਸ ਨੇ ਹਰੇਕ ਨੂੰ ਆਪਣੇ ਵੱਸ ਵਿਚ ਕਰ ਲਿਆ ਹੋਵੇ ਤਾਂ ਭੀ (ਸਾਧ ਸੰਗਤਿ ਤੋਂ ਵਾਂਜਿਆ ਰਹਿ ਕੇ ਪਰਮਾਤਮਾ ਦੇ) ਨਾਮ ਤੋਂ ਬਿਨਾ (ਸੁਖ ਨਹੀਂ ਮਿਲਦਾ, ਤੇ ਆਖ਼ਰ) ਮਿੱਟੀ ਵਿਚ ਰਲ ਜਾਂਦਾ ਹੈ ॥੩॥
1735	42	ਕੋਟਿ ਤੇਤੀਸ ਸੇਵਕਾ ਸਿਧ ਸਾਧਿਕ ਦਰਿ ਖਰਿਆ॥		Kott Thaethees Saevakaa Sidhh Saadhhik Dhar Khariaa ||	Even those who are served by the 33 million angelic beings, at whose door the Siddhas and the Saadhus stand,	ਜੇ ਤੇਤੀ ਕ੍ਰੋੜ ਦੇਵਤੇ ਉਸ ਦੇ ਸੇਵਕ ਬਣ ਜਾਣ, ਸਿੱਧ ਤੇ ਸਾਧਿਕ ਉਸ ਦੇ ਦਰ ਤੇ ਖਲੋਤੇ ਰਹਿਣ,

1736	42	ਗਿਰੰ ਬਾਰੀ ਵਡ ਸਾਹਬੀ ਸਭੁ ਨਾਨਕ ਸੁਪਨੁ ਥੀਆ॥੪॥੨॥੭੨॥	(ਗਿਰੰ) ਪਹਾੜ (ਬਾਰੀ) ਸਮੁੰਦ੍ਰਾਂ ਸਹਿਤ ਵੱਡੀ ਮਾਲਕੀ ਸੀ। ਸਾਹਬੀ: ਹਾਹਾ ਮੁਕਤਾ ਬੋਲੋ। (ਦੂਜਾ ਪਾਠ: ਗਿਰੰਬਾਰੀ)	Giranbaaree Vadd Saahabee Sabh Naanak Supan Thheeaa ||4||2||72||	Who live in wondrous affluence and rule over mountains, oceans and vast dominions-O Nanak, in the end, all this vanishes like a dream! ||4||2||72||	ਜੇ ਕੋਈ ਇਤਨੀ ਵੱਡੀ ਹਕੂਮਤਿ ਦਾ ਮਾਲਕ ਹੋ ਜਾਏ, ਕਿ ਭਾਰੀ ਜ਼ਿੰਮੇਵਾਰੀ ਭੀ ਮਿਲ ਜਾਏ, ਤਾਂ ਭੀ, ਹੇ ਨਾਨਕ! (ਸਾਧ ਸੰਗਤਿ ਤੋਂ ਬਿਨਾ ਸੁਖ ਨਹੀਂ ਮਿਲਦਾ, ਤੇ) ਇਹ ਸਭ ਕੁਝ (ਆਖ਼ਰ) ਸੁਪਨਾ ਹੀ ਹੋ ਜਾਂਦਾ ਹੈ ॥੪॥੨॥੭੨॥
1737	43	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
1738	43	ਭਲਕੇ ਉਠਿ ਪਪੋਲੀਐ ਵਿਣੁ ਬੁਝੇ ਮੁਗਧ ਅਜਾਣਿ॥	ਦੇਹੀ (ਪ-ਪੋਲੀਐ) ਪਾਲ਼ੀ ਪਲੋਸੀਦੀ ਹੈ। ਬੁੱਝੇ	Bhalakae Outh Papoleeai Vin Bujhae Mugadhh Ajaan ||	Arising each day, you cherish your body, but you are idiotic, ignorant and without understanding.	ਹਰ ਰੋਜ਼ ਉੱਦਮ ਨਾਲ ਇਸ ਸਰੀਰ ਨੂੰ ਪਾਲੀ ਪੋਸੀਦਾ ਹੈ, (ਜ਼ਿੰਦਗੀ ਦਾ ਮਨੋਰਥ) ਸਮਝਣ ਤੋਂ ਬਿਨਾ ਇਹ ਮੂਰਖ ਤੇ ਬੇ-ਸਮਝ ਹੀ ਰਹਿੰਦਾ ਹੈ।
1739	43	ਸੋ ਪ੍ਰਭੁ ਚਿਤਿ ਨ ਆਇਓ ਛੁਟੈਗੀ ਬੇਬਾਣਿ॥	(ਬੇਬਾਣਿ) ਉਜਾੜ ਮਸਾਣਾਂ ਚ	So Prabh Chith N Aaeiou Shhuttaigee Baebaan ||	You are not conscious of God, and your body shall be cast into the wilderness.	ਇਸ ਨੂੰ ਕਦੇ ਉਹ ਪਰਮਾਤਮਾ (ਜਿਸ ਨੇ ਇਸ ਨੂੰ ਪੈਦਾ ਕੀਤਾ ਹੈ) ਚੇਤੇ ਨਹੀਂ ਆਉਂਦਾ, ਤੇ ਆਖ਼ਰ ਇਹ ਮਸਾਣਾਂ ਵਿਚ ਸੁੱਟ ਦਿੱਤਾ ਜਾਇਗਾ।
1740	43	ਸਤਿਗੁਰ ਸੇਤੀ ਚਿਤੁ ਲਾਇ ਸਦਾ ਸਦਾ ਰੰਗੁ ਮਾਣਿ॥੧॥	(ਸੇਤੀ) ਨਾਲ	Sathigur Saethee Chith Laae Sadhaa Sadhaa Rang Maan ||1||	Focus your consciousness on the True Guru; you shall enjoy bliss forever and ever. ||1||	(ਹੇ ਪ੍ਰਾਣੀ! ਅਜੇ ਭੀ ਵੇਲਾ ਹੈ, ਆਪਣੇ) ਗੁਰੂ ਨਾਲ ਚਿੱਤ ਜੋੜ, ਤੇ (ਪਰਮਾਤਮਾ ਦਾ ਨਾਮ ਸਿਮਰ ਕੇ) ਸਦਾ ਕਾਇਮ ਰਹਿਣ ਵਾਲਾ ਆਤਮਕ ਆਨੰਦ ਮਾਣ ॥੧॥

1741	43	ਪ੍ਰਾਣੀ ਤੂੰ ਆਇਆ ਲਾਹਾ ਲੈਣਿ॥		Praanee Thoon Aaeiaa Laahaa Lain ||	O mortal, you came here to earn a profit.	ਹੇ ਪ੍ਰਾਣੀ! ਤੂੰ (ਜਗਤ ਵਿਚ ਪਰਮਾਤਮਾ ਦੇ ਨਾਮ ਦਾ) ਲਾਭ ਖੱਟਣ ਵਾਸਤੇ ਆਇਆ ਹੈਂ।
1742	43	ਲਗਾ ਕਿਤੁ ਕੁਫਕੜੇ ਸਭ ਮੁਕਦੀ ਚਲੀ ਰੈਣਿ॥੧॥ਰਹਾਉ॥	(ਕੁ-ਫੱਕੜੇ) ਖੋਟੇ ਕੰਮਾਂ ਦੀ ਪਕੜ ਚ। (ਰੈਣਿ) ਉਮਰ ਰੂਪੀ ਰਾਤ। ਚੱਲੀ	Lagaa Kith Kufakarrae Sabh Mukadhee Chalee Rain ||1|| Rehaao ||	What useless activities are you attached to? Your life-night is coming to its end. ||1||Pause||	ਤੂੰ ਕਿਸ ਖ਼ੁਆਰੀ ਵਾਲੇ ਕੰਮ ਵਿਚ ਰੁੱਝਾ ਪਿਆ ਹੈਂ? ਤੇਰੀ ਸਾਰੀ ਜ਼ਿੰਦਗੀ ਦੀ ਰਾਤ ਮੁੱਕਦੀ ਜਾ ਰਹੀ ਹੈ ॥੧॥ ਰਹਾਉ ॥
1743	43	ਕੁਦਮੁ ਕਰੇ ਪਸੁ ਪੰਖੀਆ ਦਿਸੈ ਨਾਹੀ ਕਾਲੁ॥	ਜ਼ੁਲਮ ਕਰਨ ਲਈ (ਕੁੱਦ-ਮੁ) ਖੋਟਾ ਉੱਦਮ	Kudham Karae Pas Pankheeaa Dhisai Naahee Kaal ||	The animals and the birds frolic and play- they do not see death.	ਪਸ਼ੂ ਕਲੋਲ ਕਰਦਾ ਹੈ ਪੰਛੀ ਕਲੋਲ ਕਰਦਾ ਹੈ (ਪਸ਼ੂ ਨੂੰ ਪੰਛੀ ਨੂੰ) ਮੌਤ ਨਹੀਂ ਦਿੱਸਦੀ,
1744	43	ਓਤੈ ਸਾਥਿ ਮਨੁਖੁ ਹੈ ਫਾਥਾ ਮਾਇਆ ਜਾਲਿ॥	(ਓਤੈ) ਉਥੇ। ਮਨੁੱਖੁ। ਫਾੱਥਾ	Outhai Saathh Manukh Hai Faathhaa Maaeiaa Jaal ||	Mankind is also with them, trapped in the net of Maya.	(ਪਰ) ਮਨੁੱਖ ਭੀ ਉਸੇ ਹੀ ਸਾਥ ਵਿਚ (ਜਾ ਰਲਿਆ ਹੈ, ਪਸ਼ੂ ਪੰਛੀ ਵਾਂਗ ਇਸ ਨੂੰ ਭੀ ਮੌਤ ਚੇਤੇ ਨਹੀਂ, ਤੇ ਇਹ) ਮਾਇਆ ਦੇ ਜਾਲ ਵਿਚ ਫਸਿਆ ਪਿਆ ਹੈ।
1745	43	ਮੁਕਤੇ ਸੇਈ ਭਾਲੀਅਹਿ ਜਿ ਸਚਾ ਨਾਮੁ ਸਮਾਲਿ॥੨॥		Mukathae Saeee Bhaaleeahi J Sachaa Naam Samaal ||2||	Those who always remember the Naam, the Name of the Lord, are considered to be liberated. ||2||	ਮਾਇਆ ਦੇ ਜਾਲ ਤੋਂ ਬਚੇ ਹੋਏ ਉਹੀ ਬੰਦੇ ਦਿੱਸਦੇ ਹਨ, ਜੇਹੜੇ ਪਰਮਾਤਮਾ ਦਾ ਸਦਾ ਕਾਇਮ ਰਹਿਣ ਵਾਲਾ ਨਾਮ ਹਿਰਦੇ ਵਿਚ ਵਸਾਂਦੇ ਹਨ ॥੨॥

1746	43	ਜੋ ਘਰੁ ਛਡਿ ਗਵਾਵਣਾ ਸੋ ਲਗਾ ਮਨ ਮਾਹਿ॥		Jo Ghar Shhadd Gavaavanaa So Lagaa Man Maahi ||	That dwelling which you will have to abandon and vacate-you are attached to it in your mind.	(ਹੇ ਪ੍ਰਾਣੀ!) ਜੇਹੜਾ (ਇਹ) ਘਰ ਛੱਡ ਕੇ ਸਦਾ ਲਈ ਤੁਰ ਜਾਣਾ ਹੈ, ਉਹ ਤੈਨੂੰ ਆਪਣੇ ਮਨ ਵਿਚ (ਪਿਆਰਾ) ਲੱਗ ਰਿਹਾ ਹੈ,
1747	43	ਜਿਥੈ ਜਾਇ ਤੁਧੁ ਵਰਤਣਾ ਤਿਸੁ ਕੀ ਚਿੰਤਾ ਨਾਹਿ॥		Jithhai Jaae Thudhh Varathanaa This Kee Chinthaa Naahi ||	And that place where you must go to dwell-you have no regard for it at all.	ਤੇ ਜਿਥੇ ਜਾ ਕੇ ਤੇਰਾ ਵਾਹ ਪੈਣਾ ਹੈ ਉਸ ਦਾ ਤੈਨੂੰ (ਰਤਾ ਭੀ) ਫ਼ਿਕਰ ਨਹੀਂ।
1748	43	ਫਾਥੇ ਸੇਈ ਨਿਕਲੇ ਜਿ ਗੁਰ ਕੀ ਪੈਰੀ ਪਾਹਿ॥੩॥	ਨਿੱਕਲੇ	Faathhae Saeee Nikalae J Gur Kee Pairee Paahi ||3||	Those who fall at the Feet of the Guru are released from this bondage. ||3||	(ਸਭ ਜੀਵ ਮਾਇਆ ਦੇ ਮੋਹ ਵਿਚ ਫਸੇ ਪਏ ਹਨ, ਇਸ ਮੋਹ ਵਿਚ) ਫਸੇ ਹੋਏ ਉਹੀ ਬੰਦੇ ਨਿਕਲਦੇ ਹਨ ਜੇਹੜੇ ਗੁਰੂ ਦੀ ਚਰਨੀਂ ਪੈ ਜਾਂਦੇ ਹਨ ॥੩॥
1749	43	ਕੋਈ ਰਖਿ ਨ ਸਕਈ ਦੂਜਾ ਕੋ ਨ ਦਿਖਾਇ॥		Koee Rakh N Sakee Dhoojaa Ko N Dhikhaae ||	No one else can save you-don't look for anyone else.	(ਪਰ ਮਾਇਆ ਦਾ ਮੋਹ ਹੈ ਹੀ ਬੜਾ ਪ੍ਰਬਲ, ਇਸ ਵਿਚੋਂ ਗੁਰੂ ਤੋਂ ਬਿਨਾ) ਕੋਈ ਬਚਾ ਨਹੀਂ ਸਕਦਾ, (ਗੁਰੂ ਤੋਂ ਬਿਨਾ ਅਜੇਹੀ ਸਮਰਥਾ ਵਾਲਾ) ਕੋਈ ਨਹੀਂ ਦਿੱਸਦਾ।
1750	43	ਚਾਰੇ ਕੁੰਡਾ ਭਾਲਿ ਕੈ ਆਇ ਪਇਆ ਸਰਣਾਇ॥	(ਕੁੰਡਾ) ਪਾਸੇ। ਪ-ਇਆ: ਪੱਪਾ ਮੁਕਤਾ ਬੋਲੋ, ਪਿਆ ਨਹੀ ਬੋਲਣਾ	Chaarae Kunddaa Bhaal Kai Aae Paeiaa Saranaae ||	I have searched in all four directions; I have come to find His Sanctuary.	ਮੈਂ ਤਾਂ ਸਾਰੀ ਸ੍ਰਿਸ਼ਟੀ ਢੂੰਡ ਕੇ ਗੁਰੂ ਦੀ ਸਰਨ ਆ ਪਿਆ ਹਾਂ।

1751	43	ਨਾਨਕ ਸਚੈ ਪਾਤਿਸਾਹਿ ਡੁਬਦਾ ਲਇਆ ਕਢਾਇ॥੪॥੩॥੭੩॥	ਡੁੱਬਦਾ	Naanak Sachai Paathisaahi Ddubadhaa Laeiaa Kadtaae ||4||3||73||	O Nanak, the True King has pulled me out and saved me from drowning! ||4||3||73||	ਹੇ ਨਾਨਕ (ਆਖ-) ਸੱਚੇ ਪਾਤਿਸ਼ਾਹ ਨੇ, ਗੁਰੂ ਨੇ ਮੈਨੂੰ (ਮਾਇਆ ਦੇ ਮੋਹ ਦੇ ਸਮੁੰਦਰ ਵਿਚ) ਡੁੱਬਦੇ ਨੂੰ ਕੱਢ ਲਿਆ ਹੈ ॥੪॥੩॥੭੩॥
1752	43	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
1753	43	ਘੜੀ ਮੁਹਤ ਕਾ ਪਾਹੁਣਾ ਕਾਜ ਸਵਾਰਣਹਾਰੁ॥	(ਮੁਹਤ) ਦੋ ਘੜੀਆਂ। (ਪਾਹੁਣਾ) ਪ੍ਰਾਹੁਣਾ	Gharree Muhath Kaa Paahunaa Kaaj Savaaranehaar ||	For a brief moment, man is a guest of the Lord; he tries to resolve his affairs.	(ਕਿਸੇ ਦੇ ਘਰ ਘੜੀ ਦੋ ਘੜੀ ਲਈ ਗਿਆ ਹੋਇਆ ਕੋਈ ਪ੍ਰਾਹੁਣਾ ਉਸ ਘਰ ਦੇ ਕੰਮ ਸਵਾਰਨ ਵਾਲਾ ਬਣ ਬੈਠੇ ਤਾਂ ਹਾਸੋ-ਹੀਣਾ ਹੀ ਹੁੰਦਾ ਹੈ, ਤਿਵੇਂ ਜੀਵ ਇਸ ਜਗਤ ਵਿਚ) ਘੜੀ ਦੋ ਘੜੀਆਂ ਦਾ ਪ੍ਰਾਹੁਣਾ ਹੈ, ਪਰ ਇਸ ਦੇ ਹੀ ਕੰਮ-ਧੰਧੇ ਨਿਜਿੱਠਣ ਵਾਲਾ ਬਣ ਜਾਂਦਾ ਹੈ।
1754	43	ਮਾਇਆ ਕਾਮਿ ਵਿਆਪਿਆ ਸਮਝੈ ਨਾਹੀ ਗਾਵਾਰੁ॥		Maaeiaa Kaam Viaapiaa Samajhai Naahee Gaavaar ||	Engrossed in Maya and sexual desire, the fool does not understand.	ਮੂਰਖ (ਜੀਵਨ ਦਾ ਸਹੀ ਰਾਹ) ਨਹੀਂ ਸਮਝਦਾ, ਮਾਇਆ ਦੇ ਮੋਹ ਵਿਚ ਤੇ ਕਾਮਵਾਸ਼ਨਾ ਵਿਚ ਫਸਿਆ ਰਹਿੰਦਾ ਹੈ।

1755	43	ਉਠਿ ਚਲਿਆ ਪਛੁਤਾਇਆ ਪਰਿਆ ਵਸਿ ਜੰਦਾਰ॥੧॥	(ਜੰਦਾਰ) ਜਮ। ਵੱਸਿ	Outh Chaliaa Pashhuthaaeiaa Pariaa Vas Jandhaar ||1||	He arises and departs with regret, and falls into the clutches of the Messenger of Death. ||1||	ਜਦੋਂ (ਇਥੋਂ) ਉੱਠ ਕੇ ਤੁਰ ਪੈਂਦਾ ਹੈ ਤਾਂ ਪਛੁਤਾਂਦਾ ਹੈ (ਪਰ ਉਸ ਵੇਲੇ ਪਛੁਤਾਇਆਂ ਕੀਹ ਬਣਦਾ ਹੈ?) ਜਮਾਂ ਦੇ ਵੱਸ ਪੈ ਜਾਂਦਾ ਹੈ ॥੧॥
1756	43	ਅੰਧੇ ਤੂੰ ਬੈਠਾ ਕੰਧੀ ਪਾਹਿ॥	(ਕੰਧੀ) ਕਿਨਾਰਾ। (ਪਾਹਿ) ਪਾਸ	Andhhae Thoon Baithaa Kandhhee Paahi ||	You are sitting on the collapsing riverbank- are you blind?	ਹੇ (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਜੀਵ! (ਜਿਵੇਂ ਕੋਈ ਰੁੱਖ ਨਦੀ ਦੇ ਕੰਢੇ ਉੱਤੇ ਉੱਗਾ ਹੋਇਆ ਹੋਵੇ ਤੇ ਕਿਸੇ ਭੀ ਵੇਲੇ ਕੰਢੇ ਨੂੰ ਢਾਹ ਲਗ ਕੇ ਰੁੱਖ ਨਦੀ ਵਿਚ ਰੁੜ੍ਹ ਜਾਂਦਾ ਹੈ, ਤਿਵੇਂ) ਤੂੰ (ਮੌਤ-ਨਦੀ ਦੇ) ਕੰਢੇ ਉੱਤੇ ਬੈਠਾ ਹੋਇਆ ਹੈਂ (ਪਤਾ ਨਹੀਂ ਕੇਹੜੇ ਵੇਲੇ ਤੇਰੀ ਮੌਤ ਆ ਜਾਏ)।
1757	43	ਜੇ ਹੋਵੀ ਪੂਰਬਿ ਲਿਖਿਆ ਤਾ ਗੁਰ ਕਾ ਬਚਨੁ ਕਮਾਹਿ॥੧॥ਰਹਾਉ॥		Jae Hovee Poorab Likhiaa Thaa Gur Kaa Bachan Kamaahi ||1|| Rehaao ||	If you are so pre-destined, then act according to the Guru's Teachings. ||1||Pause||	ਜੇ (ਤੇਰੇ ਮੱਥੇ ਉੱਤੇ) ਪੂਰਬਲੇ ਜਨਮ ਵਿਚ (ਕੀਤੀ ਕਮਾਈ ਦਾ ਚੰਗਾ ਲੇਖ) ਲਿਖਿਆ ਹੋਇਆ ਹੋਵੇ, ਤਾਂ ਤੂੰ ਗੁਰੂ ਦਾ ਉਪਦੇਸ਼ ਕਮਾ ਲਏਂ (ਗੁਰੂ ਦੇ ਉਪਦੇਸ਼ ਅਨੁਸਾਰ ਆਪਣਾ ਜੀਵਨ ਬਣਾਏਂ, ਤੇ ਆਤਮਕ ਮੌਤ ਤੋਂ ਬਚ ਜਾਏਂ) ॥੧॥ ਰਹਾਉ ॥

1758	43	ਹਰੀ ਨਾਹੀ ਨਹ ਡਡੂਰੀ ਪਕੀ ਵਢਣਹਾਰ॥	(ਡੱਡੂਰੀ) ਜੁਆਨ ਅਵਸਥਾ। ਪੱਕੀ ਵੱਢਣਹਾਰ	Haree Naahee Neh Ddadduree Pakee Vadtanehaar ||	The Reaper does not look upon any as unripe, half-ripe or fully ripe.	ਇਹ ਜ਼ਰੂਰੀ ਨਹੀਂ ਕਿ ਹਰੀ ਖੇਤੀ ਨਾਹ ਵੱਢੀ ਜਾਏ, ਡੱਡਿਆਂ ਤੇ ਆਈ ਹੋਈ (ਅੱਧ-ਪੱਕੀ) ਨਾਹ ਵੱਢੀ ਜਾਏ, ਤੇ ਸਿਰਫ਼ ਪੱਕੀ ਹੋਈ ਹੀ ਵੱਢੀ ਜਾਏ।
1759	43	ਲੈ ਲੈ ਦਾਤ ਪਹੁਤਿਆ ਲਾਵੇ ਕਰਿ ਤਈਆਰੁ॥	(ਦਾਤ) ਦਾਤਰੀਆਂ। (ਪਹੁਤਿਆ) ਪਹੁੰਚ ਗਏ। (ਲਾਵੇ) ਫ਼ਸਲ ਵੱਢਣ ਵਾਲੇ। ਤਈ-ਆਰੁ	Lai Lai Dhaath Pahuthiaa Laavae Kar Theeaar ||	Picking up and wielding their sickles, the harvesters arrive.	(ਖੇਤ ਦਾ ਮਾਲਕ ਜਦੋਂ ਚਾਹੁੰਦਾ ਹੈ) ਵਾਢੇ ਤਿਆਰ ਕਰਦਾ ਹੈ, ਜੋ ਦਾਤਰੇ ਲੈ ਲੈ ਕੇ (ਖੇਤ ਵਿਚ) ਆ ਪਹੁੰਚਦੇ ਹਨ।
1760	43	ਜਾ ਹੋਆ ਹੁਕਮੁ ਕਿਰਸਾਣ ਦਾ ਤਾ ਲੁਣਿ ਮਿਣਿਆ ਖੇਤਾਰੁ॥੨॥	(ਲੁਣਿ) ਵੱਢਣਾ ਕੀਤਾ। (ਖੇਤਾਰੁ) ਖੇਤ	Jaa Hoaa Hukam Kirasaan Dhaa Thaa Lun Miniaa Khaethaar ||2||	When the landlord gives the order, they cut and measure the crop. ||2||	ਜਦੋਂ ਖੇਤ ਦੇ ਮਾਲਕ ਦਾ ਹੁਕਮ ਹੁੰਦਾ ਹੈ, (ਉਹ ਵਾਢੇ ਖੇਤ ਨੂੰ) ਵੱਢ ਕੇ ਸਾਰਾ ਖੇਤ ਮਿਣ ਲੈਂਦੇ ਹਨ (ਇਸ ਤਰ੍ਹਾਂ ਜਗਤ ਦਾ ਮਾਲਕ ਪ੍ਰਭੂ ਜਦੋਂ ਹੁਕਮ ਕਰਦਾ ਹੈ ਜਮ ਆ ਕੇ ਜੀਵਾਂ ਨੂੰ ਲੈ ਜਾਂਦੇ ਹਨ, ਚਾਹੇ ਬਾਲ-ਉਮਰ ਹੋਣ, ਚਾਹੇ ਜਵਾਨ ਹੋਣ ਤੇ ਚਾਹੇ ਬੁੱਢੇ ਹੋ ਚੁੱਕੇ ਹੋਣ) ॥੨॥
1761	43	ਪਹਿਲਾ ਪਹਰੁ ਧੰਧੈ ਗਇਆ ਦੂਜੈ ਭਰਿ ਸੋਇਆ॥	ਗ-ਇਆ	Pehilaa Pehar Dhhandhhai Gaeiaa Dhoojai Bhar Soeiaa ||	The first watch of the night passes away in worthless affairs, and the second passes in deep sleep.	(ਮਾਇਆ-ਗ੍ਰਸੇ ਮੂਰਖ ਮਨੁੱਖ ਦੀ ਜੀਵਨ-ਰਾਤ ਦਾ) ਪਹਿਲਾ ਪਹਰ ਦੁਨੀਆ ਦੇ ਧੰਧਿਆਂ ਵਿਚ ਬੀਤ ਜਾਂਦਾ ਹੈ, ਦੂਜੇ ਪਹਰ (ਮੋਹ ਦੀ ਨੀਂਦ ਵਿਚ) ਰੱਜ ਕੇ ਸੁੱਤਾ ਰਹਿੰਦਾ ਹੈ।

1762	43	ਤੀਜੈ ਝਾਖ ਝਖਾਇਆ ਚਉਥੈ ਭੋਰੁ ਭਇਆ॥	(ਝਾਖ) ਬਿਅਰਥ ਵਿਸ਼ੇ ਭੋਗਣ ਸੁਪਨਿਆਂ ਚ (ਝਖਾਇਆ) ਖਪਿਆ। (ਭੋਰੁ) ਦਿਨ	Theejai Jhaakh Jhakhaaeiaa Chouthhai Bhor Bhaeiaa ||	In the third, they babble nonsense, and when the fourth watch comes, the day of death has arrived.	ਤੀਜੇ ਪਹਰ ਵਿਸ਼ੇ ਭੋਗਦਾ ਰਹਿੰਦਾ ਹੈ, ਤੇ ਚੌਥੇ ਪਹਰ (ਆਖ਼ਰ) ਦਿਨ ਚੜ੍ਹ ਪੈਂਦਾ ਹੈ (ਬੁਢੇਪਾ ਆ ਕੇ ਮੌਤ ਆ ਕੂਕਦੀ ਹੈ)।
1763	43	ਕਦ ਹੀ ਚਿਤਿ ਨ ਆਇਓ ਜਿਨਿ ਜੀਉ ਪਿੰਡੁ ਦੀਆ॥੩॥	(ਪਿੰਡੁ) ਸਰੀਰ। ਕਦ, ਹੀ: ਪੋਲਾ ਬੋਲੋ	Kadh Hee Chith N Aaeiou Jin Jeeo Pindd Dheeaa ||3||	The thought of the One who bestows body and soul never enters the mind. ||3||	ਜਿਸ ਪ੍ਰਭੂ ਨੇ ਇਸ ਨੂੰ ਜਿੰਦ ਤੇ ਸਰੀਰ ਦਿੱਤਾ ਹੈ ਉਹ ਕਦੇ ਭੀ ਇਸ ਦੇ ਚਿੱਤ ਵਿੱਚ ਨਹੀਂ ਆਉਂਦਾ (ਉਸ ਨੂੰ ਕਦੇ ਭੀ ਯਾਦ ਨਹੀਂ ਕਰਦਾ) ॥੩॥
1764	43	ਸਾਧਸੰਗਤਿ ਕਉ ਵਾਰਿਆ ਜੀਉ ਕੀਆ ਕੁਰਬਾਣੁ॥		Saadhhasangath Ko Vaariaa Jeeo Keeaa Kurabaan ||	I am devoted to the Saadh Sangat, the Company of the Holy; I sacrifice my soul to them.	ਹੇ ਨਾਨਕ! (ਆਖ-) ਮੈਂ ਸਾਧ ਸੰਗਤਿ ਤੋਂ ਸਦਕੇ ਜਾਂਦਾ ਹਾਂ, ਸਾਧ ਸੰਗਤਿ ਤੋਂ ਆਪਣੀ ਜਿੰਦ ਕੁਰਬਾਨ ਕਰਦਾ ਹਾਂ,
1765	43	ਜਿਸ ਤੇ ਸੋਝੀ ਮਨਿ ਪਈ ਮਿਲਿਆ ਪੁਰਖੁ ਸੁਜਾਣੁ॥		Jis Thae Sojhee Man Pee Miliaa Purakh Sujaan ||	Through them, understanding has entered my mind, and I have met the All-knowing Lord God.	ਕਿਉਂਕਿ ਸਾਧ ਸੰਗਤਿ ਤੋਂ ਹੀ ਮਨ ਵਿਚ (ਪ੍ਰਭੂ ਦੇ ਸਿਮਰਨ ਦੀ) ਸੂਝ ਪੈਦਾ ਹੁੰਦੀ ਹੈ, (ਸਾਧ ਸੰਗਤਿ ਦੀ ਰਾਹੀਂ ਹੀ) ਸਭ ਦੇ ਦਿਲ ਦੀ ਜਾਣਨ ਵਾਲਾ ਅਕਾਲਪੁਰਖ ਮਿਲਦਾ ਹੈ।

1766	43	ਨਾਨਕ ਡਿਠਾ ਸਦਾ ਨਾਲਿ ਹਰਿ ਅੰਤਰਜਾਮੀ ਜਾਣੁ॥੪॥੪॥੭੪॥	ਡਿੱਠਾ	Naanak Ddithaa Sadhaa Naal Har Antharajaamee Jaan ||4||4||74||	Nanak sees the Lord always with him-the Lord, the Inner-knower, the Searcher of hearts. ||4||4||74||	ਹੇ ਨਾਨਕ! (ਆਖ-) ਅੰਤਰਜਾਮੀ ਸੁਜਾਣ ਪ੍ਰਭੂ ਨੂੰ (ਸਾਧ ਸੰਗਤਿ ਦੀ ਕਿਰਪਾ ਨਾਲ ਹੀ) ਮੈਂ ਸਦਾ ਆਪਣੇ ਅੰਗ-ਸੰਗ ਵੇਖਿਆ ਹੈ ॥੪॥੪॥੭੪॥
1767	43	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
1768	43	ਸਭੇ ਗਲਾ ਵਿਸਰਨੁ ਇਕੋ ਵਿਸਰਿ ਨ ਜਾਉ॥	ਸੱਭੇ ਗੱਲਾਂ	Sabhae Galaa Visaran Eiko Visar N Jaao ||	Let me forget everything, but let me not forget the One Lord.	(ਮੇਰੀ ਤਾਂ ਸਦਾ ਇਹੀ ਅਰਦਾਸ ਹੈ ਕਿ) ਹੋਰ ਸਾਰੀਆਂ ਗੱਲਾਂ ਬੇ-ਸ਼ੱਕ ਭੁੱਲ ਜਾਣ, ਪਰ ਇਕ ਪਰਮਾਤਮਾ ਦਾ ਨਾਮ ਮੈਨੂੰ (ਕਦੇ) ਨਾਹ ਭੁੱਲੇ।
1769	43	ਧੰਧਾ ਸਭੁ ਜਲਾਇ ਕੈ ਗੁਰਿ ਨਾਮੁ ਦੀਆ ਸਚੁ ਸੁਆਉ॥	(ਸੁਆਉ) ਮਨੋਰਥ	Dhhandhhaa Sabh Jalaae Kai Gur Naam Dheeaa Sach Suaao ||	All my evil pursuits have been burnt away; the Guru has blessed me with the Naam, the true object of life.	ਗੁਰੂ ਨੇ (ਦੁਨੀਆ ਦੇ) ਧੰਧਿਆਂ ਦਾ ਮੇਰਾ ਸਾਰਾ ਮੋਹ ਸਾੜ ਕੇ ਮੈਨੂੰ ਪ੍ਰਭੂ ਦਾ ਨਾਮ ਦਿੱਤਾ ਹੈ। ਇਹ ਸਦਾ-ਥਿਰ ਨਾਮ ਹੀ ਹੁਣ ਮੇਰਾ (ਜੀਵਨ-) ਮਨੋਰਥ ਹੈ।
1770	43	ਆਸਾ ਸਭੇ ਲਾਹਿ ਕੈ ਇਕਾ ਆਸ ਕਮਾਉ॥		Aasaa Sabhae Laahi Kai Eikaa Aas Kamaao ||	Give up all other hopes, and rely on the One Hope.	ਮੈਂ (ਦੁਨੀਆ ਦੀਆਂ) ਸਾਰੀਆਂ ਆਸਾਂ ਮਨ ਵਿਚੋਂ ਦੂਰ ਕਰ ਕੇ ਇਕ ਪਰਮਾਤਮਾ ਦੀ ਆਸ (ਆਪਣੇ ਅੰਦਰ) ਪੱਕੀ ਕਰਦਾ ਹਾਂ।

1771	43	ਜਿਨੀ ਸਤਿਗੁਰੁ ਸੇਵਿਆ ਤਿਨਿ ਅਗੈ ਮਿਲਿਆ ਥਾਉ॥੧॥		Jinee Sathigur Saeviaa Thin Agai Miliaa Thhaao ||1||	Those who serve the True Guru receive a place in the world hereafter. ||1||	ਜਿਨ੍ਹਾਂ ਬੰਦਿਆਂ ਨੇ ਸਤਿਗੁਰੂ ਦਾ ਆਸਰਾ ਲਿਆ ਹੈ ਉਹਨਾਂ ਨੂੰ ਪਰਲੋਕ ਵਿਚ (ਪ੍ਰਭੂ ਦੀ ਦਰਗਾਹ ਵਿਚ) ਆਦਰ ਮਿਲਦਾ ਹੈ ॥੧॥
1772	43	ਮਨ ਮੇਰੇ ਕਰਤੇ ਨੋ ਸਾਲਾਹਿ॥		Man Maerae Karathae No Saalaahi ||	O my mind, praise the Creator.	ਹੇ ਮੇਰੇ ਮਨ! ਕਰਤਾਰ ਦੀ ਸਿਫ਼ਤ-ਸਾਲਾਹ ਕਰ।
1773	43	ਸਭੇ ਛਡਿ ਸਿਆਣਪਾ ਗੁਰ ਕੀ ਪੈਰੀ ਪਾਹਿ॥੧॥ਰਹਾਉ॥	ਪੈਰੀਂ	Sabhae Shhadd Siaanapaa Gur Kee Pairee Paahi ||1|| Rehaao ||	Give up all your clever tricks, and fall at the Feet of the Guru. ||1||Pause||	(ਪਰ ਇਹ ਸਿਫ਼ਤ-ਸਾਲਾਹ ਦੀ ਦਾਤ ਗੁਰੂ ਪਾਸੋਂ ਮਿਲਦੀ ਹੈ, ਸੋ ਤੂੰ) ਸਾਰੀਆਂ ਚਤੁਰਾਈਆਂ ਛੱਡ ਕੇ ਗੁਰੂ ਦੇ ਚਰਨਾਂ ਤੇ ਢਹਿ ਪਉ ॥੧॥ ਰਹਾਉ ॥
1774	43	ਦੁਖ ਭੁਖ ਨਹ ਵਿਆਪਈ ਜੇ ਸੁਖਦਾਤਾ ਮਨਿ ਹੋਇ॥		Dhukh Bhukh Neh Viaapee Jae Sukhadhaathaa Man Hoe ||	Pain and hunger shall not oppress you, if the Giver of Peace comes into your mind.	ਜੇ ਸੁਖਾਂ ਦਾ ਦੇਣ ਵਾਲਾ ਪਰਮਾਤਮਾ ਮਨ ਵਿਚ ਵੱਸ ਪਏ, ਤਾਂ ਨਾਹ ਦੁਨੀਆ ਦੇ ਦੁੱਖ ਜ਼ੋਰ ਪਾ ਸਕਦੇ ਹਨ, ਨਾਹ ਮਾਇਆ ਦੀ ਤ੍ਰਿਸ਼ਨਾ ਜ਼ੋਰ ਪਾ ਸਕਦੀ ਹੈ।
1775	43	ਕਿਤ ਹੀ ਕੰਮਿ ਨ ਛਿਜੀਐ ਜਾ ਹਿਰਦੈ ਸਚਾ ਸੋਇ॥	(ਛਿੱਜੀਐ) ਘਾਟਾ ਪੈਂਦਾ	Kith Hee Kanm N Shhijeeai Jaa Hiradhai Sachaa Soe ||	No undertaking shall fail, when the True Lord is always in your heart.	ਜਦੋਂ ਹਿਰਦੇ ਵਿਚ ਉਹ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਵੱਸਦਾ ਹੋਵੇ, ਤਾਂ ਕਿਸੇ ਵੀ ਕੰਮ ਵਿਚ ਲੱਗੀਏ, ਆਤਮਕ ਜੀਵਨ ਕਮਜ਼ੋਰ ਨਹੀਂ ਹੁੰਦਾ।

1776	43	ਜਿਸੁ ਤੂੰ ਰਖਹਿ ਹਥ ਦੇ ਤਿਸੁ ਮਾਰਿ ਨ ਸਕੈ ਕੋਇ॥		Jis Thoon Rakhehi Hathh Dhae This Maar N Sakai Koe ||	No one can kill that one unto whom You, Lord, give Your Hand and protect.	ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਆਪਣੇ ਹੱਥ ਦੇ ਕੇ (ਵਿਕਾਰਾਂ ਵਲੋਂ) ਬਚਾਂਦਾ ਹੈਂ, ਕੋਈ (ਵਿਕਾਰ) ਉਸ ਨੂੰ ਆਤਮਕ (ਮੌਤੇ) ਮਾਰ ਨਹੀਂ ਸਕਦਾ।
1777	43	ਸੁਖਦਾਤਾ ਗੁਰੁ ਸੇਵੀਐ ਸਭਿ ਅਵਗਣ ਕਢੈ ਧੋਇ॥੨॥		Sukhadhaathaa Gur Saeveeai Sabh Avagan Kadtai Dhhoe ||2||	Serve the Guru, the Giver of Peace; He shall remove and wash off all your faults. ||2||	(ਹੇ ਭਾਈ!) ਆਤਮਕ ਆਨੰਦ ਦੇਣ ਵਾਲੇ ਸਤਿਗੁਰੂ ਦੀ ਸਰਨ ਲੈਣੀ ਚਾਹੀਦੀ ਹੈ, ਸਤਿਗੁਰੂ (ਮਨ ਵਿਚੋਂ) ਸਾਰੇ ਔਗੁਣ ਧੋ ਕੇ ਕੱਢ ਦੇਂਦਾ ਹੈ ॥੨॥
1778	43	ਸੇਵਾ ਮੰਗੈ ਸੇਵਕੋ ਲਾਈਆਂ ਅਪੁਨੀ ਸੇਵ॥		Saevaa Mangai Saevako Laaeeaaan Apunee Saev ||	Your servant begs to serve those who are enjoined to Your service.	ਹੇ ਪ੍ਰਕਾਸ਼ ਸਰੂਪ-ਪ੍ਰਭੂ! ਮੈਂ ਸੇਵਕ (ਤੇਰੇ ਪਾਸੋਂ) ਉਹਨਾਂ (ਜੀਵ-ਇਸਤ੍ਰੀਆਂ) ਦੀ ਸੇਵਾ (ਦਾ ਦਾਨ) ਮੰਗਦਾ ਹਾਂ, ਜਿਨ੍ਹਾਂ ਨੂੰ ਤੂੰ ਆਪਣੀ ਸੇਵਾ ਵਿਚ ਲਾਇਆ ਹੋਇਆ ਹੈ।
1779	44	ਸਾਧੂਸੰਗੁ ਮਸਕਤੇ ਤੂਠੈ ਪਾਵਾ ਦੇਵ॥	ਸੇਵਾ ਸਿਮਰਨ ਦੀ (ਮ-ਸੱਕਤੇ) ਮਿਹਨਤ। (ਤੂਠੈ) ਪ੍ਰਸੰਨ ਹੋਏ। (ਦੇਵ) ਵਾਹਿਗੁਰੂ ਜੀ	Saadhhoo Sang Masakathae Thoothai Paavaa Dhaev ||	The opportunity to work hard serving the Saadh Sangat is obtained, when the Divine Lord is pleased.	ਹੇ ਪ੍ਰਭੂ! ਜੇ ਤੂੰ ਹੀ ਮਿਹਰ ਕਰੇਂ ਤਾਂ ਮੈਨੂੰ ਸਾਧ ਸੰਗਤਿ ਦੀ ਪ੍ਰਾਪਤੀ ਹੋਵੇ ਤੇ ਸੇਵਾ ਦੀ ਦਾਤ ਮਿਲੇ।

1780	44	ਸਭੁ ਕਿਛੁ ਵਸਗਤਿ ਸਾਹਿਬੈ ਆਪੇ ਕਰਣ ਕਰੇਵ॥	(ਵੱਸ-ਗਤਿ) ਵੱਸ ਚ। ਗਤਿ: ਪੋਲਾ ਬੋਲੋ। (ਕਰੇਵ) ਕਰਾਉਣ ਵਾਲੇ	Sabh Kishh Vasagath Saahibai Aapae Karan Karaev ||	Everything is in the Hands of our Lord and Master; He Himself is the Doer of deeds.	(ਹੇ ਭਾਈ!) ਹਰੇਕ (ਦਾਤਿ) ਮਾਲਕ ਦੇ ਆਪਣੇ ਇਖ਼ਤਿਆਰ ਵਿਚ ਹੈ, ਉਹ ਆਪ ਹੀ ਸਭ ਕੁਝ ਕਰਨ ਕਰਾਣ ਜੋਗਾ ਹੈ।
1781	44	ਸਤਿਗੁਰ ਕੈ ਬਲਿਹਾਰਣੈ ਮਨਸਾ ਸਭ ਪੂਰੇਵ॥੩॥	(ਮਨਸਾ) ਇੱਛਾ	Sathigur Kai Balihaaranai Manasaa Sabh Pooraev ||3||	I am a sacrifice to the True Guru, who fulfills all hopes and desires. ||3||	ਮੈਂ ਆਪਣੇ ਸਤਿਗੁਰੂ ਤੋਂ ਸਦਕੇ ਜਾਂਦਾ ਹਾਂ। ਸਤਿਗੁਰੂ ਮੇਰੀਆਂ ਸਾਰੀਆਂ ਲੋੜਾਂ ਪੂਰੀਆਂ ਕਰਨ ਵਾਲਾ ਹੈ ॥੩॥
1782	44	ਇਕੋ ਦਿਸੈ ਸਜਣੋ ਇਕੋ ਭਾਈ ਮੀਤੁ॥		Eiko Dhisai Sajano Eiko Bhaaee Meeth ||	The One appears to be my Companion; the One is my Brother and Friend.	(ਹੇ ਭਾਈ! ਜਗਤ ਵਿਚ) ਇਕ ਪਰਮਾਤਮਾ ਹੀ (ਅਸਲ) ਸੱਜਣ ਦਿੱਸਦਾ ਹੈ, ਉਹੀ ਇਕ (ਅਸਲੀ) ਭਰਾ ਹੈ ਤੇ ਮਿੱਤਰ ਹੈ।
1783	44	ਇਕਸੈ ਦੀ ਸਾਮਗਰੀ ਇਕਸੈ ਦੀ ਹੈ ਰੀਤਿ॥	(ਰੀਤਿ) ਮਰਯਾਦਾ। ਸਾ-ਮੱਗਰੀ	Eikasai Dhee Saamagaree Eikasai Dhee Hai Reeth ||	The elements and the components are all made by the One; they are held in their order by the One.	ਦੁਨੀਆ ਦਾ ਸਾਰਾ ਧਨ-ਪਦਾਰਥ ਉਸ ਇਕ ਪਰਮਾਤਮਾ ਦਾ ਹੀ ਦਿੱਤਾ ਹੋਇਆ ਹੈ, ਉਸੇ ਦੀ ਹੀ ਮਰਯਾਦਾ (ਜਗਤ ਵਿਚ) ਚੱਲ ਰਹੀ ਹੈ।

1784	44	ਇਕਸ ਸਿਉ ਮਨੁ ਮਾਨਿਆ ਤਾ ਹੋਆ ਨਿਹਚਲੁ ਚੀਤੁ॥		Eikas Sio Man Maaniaa Thaa Hoaa Nihachal Cheeth ||	When the mind accepts, and is satisfied with the One, then the consciousness becomes steady and stable.	ਜਦੋਂ ਮਨੁੱਖ ਦਾ ਮਨ ਇਕ ਪਰਮਾਤਮਾ (ਦੀ ਯਾਦ) ਵਿਚ ਰਿੱਝ ਜਾਂਦਾ ਹੈ, ਤਦੋਂ ਉਸ ਦਾ ਚਿੱਤ (ਮਾਇਆ ਵਾਲੇ ਪਾਸੇ) ਡੋਲਣੋਂ ਹਟ ਜਾਂਦਾ ਹੈ।
1785	44	ਸਚੁ ਖਾਣਾ ਸਚੁ ਪੈਨਣਾ ਟੇਕ ਨਾਨਕ ਸਚੁ ਕੀਤੁ॥੪॥੫॥੭੫॥		Sach Khaanaa Sach Painanaa Ttaek Naanak Sach Keeth ||4||5||75||	Then, one's food is the True Name, one's garments are the True Name, and one's Support, O Nanak, is the True Name. ||4||5||75||	ਹੇ ਨਾਨਕ! ਉਹ ਪਰਮਾਤਮਾ ਦੇ ਸਦਾ-ਥਿਰ ਨਾਮ ਨੂੰ ਆਪਣੇ ਆਤਮਾ ਦੀ ਖ਼ੁਰਾਕ ਬਣਾ ਲੈਂਦਾ ਹੈ, ਨਾਮ ਨੂੰ ਹੀ ਆਪਣੀ (ਆਤਮਕ) ਪੁਸ਼ਾਕ ਬਣਾਂਦਾ ਹੈ ਤੇ ਸਦਾ-ਥਿਰ ਨਾਮ ਨੂੰ ਹੀ ਆਪਣਾ ਆਸਰਾ ਬਣਾਂਦਾ ਹੈ ॥੪॥੫॥੭੫॥{43-44}
1786	44	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
1787	44	ਸਭੇ ਥੋਕ ਪਰਾਪਤੇ ਜੇ ਆਵੈ ਇਕੁ ਹਥਿ॥	(ਥੋਕ) ਪਦਾਰਥ। ਹੱਥਿ	Sabhae Thhok Paraapathae Jae Aavai Eik Hathh ||	All things are received if the One is obtained.	ਜੇ ਇਕ ਪਰਮਾਤਮਾ ਮਿਲ ਪਏ, ਤਾਂ (ਦੁਨੀਆ ਦੇ ਹੋਰ) ਸਾਰੇ ਪਦਾਰਥ ਮਿਲ ਜਾਂਦੇ ਹਨ (ਦੇਣ ਵਾਲਾ ਜੁ ਉਹ ਆਪ ਹੀ ਹੋਇਆ)।

1788	44	ਜਨਮੁ ਪਦਾਰਥੁ ਸਫਲੁ ਹੈ ਜੇ ਸਚਾ ਸਬਦੁ ਕਥਿ॥	ਕਥਿ:ਪੋਲਾ ਬੋਲੋ। (ਕਥਿ) ਕਥਨ ਕਰਕੇ	Janam Padhaarathh Safal Hai Jae Sachaa Sabadh Kathh ||	The precious gift of this human life becomes fruitful when one chants the True Word of the Shabad.	ਜੇ ਮੈਂ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਰਹਾਂ, ਤਾਂ ਇਹ ਕੀਮਤੀ ਮਨੁੱਖਾ ਜਨਮ ਕਾਮਯਾਬ ਹੋ ਜਾਏ।
1789	44	ਗੁਰ ਤੇ ਮਹਲੁ ਪਰਾਪਤੇ ਜਿਸੁ ਲਿਖਿਆ ਹੋਵੈ ਮਥਿ॥੧॥	(ਮੱਥਿ) ਮੱਥੇ	Gur Thae Mehal Paraapathae Jis Likhiaa Hovai Mathh ||1||	One who has such destiny written on his forehead enters the Mansion of the Lord's Presence, through the Guru. ||1||	(ਪਰ ਉਸੇ ਮਨੁੱਖ ਨੂੰ) ਗੁਰੂ ਪਾਸੋਂ (ਪਰਮਾਤਮਾ ਦੇ ਚਰਨਾਂ ਦਾ) ਨਿਵਾਸ ਪ੍ਰਾਪਤ ਹੁੰਦਾ ਹੈ ਜਿਸ ਦੇ ਮੱਥੇ ਉੱਤੇ (ਚੰਗਾ ਭਾਗ) ਲਿਖਿਆ ਹੋਇਆ ਹੋਵੇ ॥੧॥
1790	44	ਮੇਰੇ ਮਨ ਏਕਸ ਸਿਉ ਚਿਤੁ ਲਾਇ॥		Maerae Man Eaekas Sio Chith Laae ||	O my mind, focus your consciousness on the One.	ਹੇ ਮੇਰੇ ਮਨ! ਸਿਰਫ਼ ਇਕ ਪਰਮਾਤਮਾ ਨਾਲ ਸੁਰਤ ਜੋੜ।
1791	44	ਏਕਸ ਬਿਨੁ ਸਭ ਧੰਧੁ ਹੈ ਸਭ ਮਿਥਿਆ ਮੋਹੁ ਮਾਇ॥੧॥ਰਹਾਉ॥	ਮਿਥਿਆ: ਪੋਲਾ ਬੋਲੋ। (ਮਿਥਿਆ) ਝੂਠਾ। (ਮਾਇ) ਮਾਇਆ ਦਾ	Eaekas Bin Sabh Dhhandhh Hai Sabh Mithhiaa Mohu Maae ||1|| Rehaao ||	Without the One, all entanglements are worthless; emotional attachment to Maya is totally false. ||1||Pause||	ਇਕ ਪਰਮਾਤਮਾ (ਦੇ ਪਿਆਰ) ਤੋਂ ਬਿਨਾ (ਦੁਨੀਆ ਦੀ) ਸਾਰੀ (ਦੌੜ-ਭੱਜ) ਜੰਜਾਲ ਬਣ ਜਾਂਦੀ ਹੈ। (ਤੇ) ਮਾਇਆ ਦਾ ਮੋਹ ਹੈ ਭੀ ਸਾਰਾ ਵਿਅਰਥ ॥੧॥ ਰਹਾਉ ॥

1792	44	ਲਖ ਖੁਸੀਆ ਪਾਤਿਸਾਹੀਆ ਜੇ ਸਤਿਗੁਰੁ ਨਦਰਿ ਕਰੇਇ॥	ਲੱਖ	Lakh Khuseeaa Paathisaaheeaa Jae Sathigur Nadhar Karaee ||	Hundreds of thousands of princely pleasures are enjoyed, if the True Guru bestows His Glance of Grace.	ਜੇ (ਮੇਰਾ) ਸਤਿਗੁਰੂ (ਮੇਰੇ ਉੱਤੇ) ਮਿਹਰ ਦੀ (ਇੱਕ) ਨਿਗਾਹ ਕਰੇ, ਤਾਂ (ਮੈਂ ਸਮਝਦਾ ਹਾਂ ਕਿ ਮੈਨੂੰ) ਲੱਖਾਂ ਪਾਤਿਸ਼ਾਹੀਆਂ ਦੀਆਂ ਖ਼ੁਸ਼ੀਆਂ ਮਿਲ ਗਈਆਂ ਹਨ।
1793	44	ਨਿਮਖ ਏਕ ਹਰਿ ਨਾਮੁ ਦੇਇ ਮੇਰਾ ਮਨੁ ਤਨੁ ਸੀਤਲੁ ਹੋਇ॥	(ਸੀਤਲੁ) ਠੰਢਾ ਸ਼ਾਂਤ	Nimakh Eaek Har Naam Dhaee Maeraa Man Than Seethal Hoe ||	If He bestows the Name of the Lord, for even a moment, my mind and body are cooled and soothed.	(ਕਿਉਂਕਿ ਜਦੋਂ ਗੁਰੂ ਮੈਨੂੰ) ਅੱਖ ਦੇ ਝਮਕਣ ਜਿਤਨੇ ਸਮੇਂ ਵਾਸਤੇ ਭੀ ਪਰਮਾਤਮਾ ਦਾ ਨਾਮ ਬਖ਼ਸ਼ਦਾ ਹੈ, ਤਾਂ ਮੇਰਾ ਮਨ ਸ਼ਾਂਤ ਹੋ ਜਾਂਦਾ ਹੈ, ਮੇਰਾ ਸਰੀਰ ਸ਼ਾਂਤ ਹੋ ਜਾਂਦਾ ਹੈ (ਮੇਰੇ ਗਿਆਨ-ਇੰਦਰੇ ਵਿਕਾਰਾਂ ਦੀ ਭੜਕਾਹਟ ਵਲੋਂ ਹਟ ਜਾਂਦੇ ਹਨ)।
1794	44	ਜਿਸ ਕਉ ਪੂਰਬਿ ਲਿਖਿਆ ਤਿਨਿ ਸਤਿਗੁਰ ਚਰਨ ਗਹੇ॥੨॥	(ਪੂਰਬਿ) ਪਹਿਲਾਂ ਨਿਸ਼ਕਾਮ ਕਰਮਾਂ ਦਾ ਲੇਖ। (ਗਹੇ) ਪਕੜੇ	Jis Ko Poorab Likhiaa Thin Sathigur Charan Gehae ||2||	Those who have such pre-ordained destiny hold tight to the Feet of the True Guru. ||2||	ਪਰ ਉਸੇ ਮਨੁੱਖ ਨੇ ਸਤਿਗੁਰੂ ਦੇ ਚਰਨ ਫੜੇ ਹਨ (ਉਹੀ ਮਨੁੱਖ ਸਤਿਗੁਰੂ ਦਾ ਆਸਰਾ ਲੈਂਦਾ ਹੈ), ਜਿਸ ਨੂੰ ਪੂਰਬਲੇ ਜਨਮ ਦਾ ਕੋਈ ਲਿਖਿਆ ਹੋਇਆ (ਚੰਗਾ ਲੇਖ) ਮਿਲਦਾ ਹੈ (ਜਿਸ ਦੇ ਚੰਗੇ ਭਾਗ ਜਾਗਦੇ ਹਨ) ॥੨॥
1795	44	ਸਫਲ ਮੂਰਤੁ ਸਫਲਾ ਘੜੀ ਜਿਤੁ ਸਚੇ ਨਾਲਿ ਪਿਆਰੁ॥	(ਮੂਰਤੁ) ਮਹੂਰਤ, ਦੋ ਘੜੀਆਂ ਦਾ ਸਮਾਂ	Safal Moorath Safalaa Gharree Jith Sachae Naal Piaar ||	Fruitful is that moment, and fruitful is that time, when one is in love with the True Lord.	ਉਹ ਸਮਾ ਕਾਮਯਾਬ ਸਮਝੋ, ਉਹ ਘੜੀ ਭਾਗਾਂ ਵਾਲੀ ਜਾਣੋ, ਜਿਸ ਵਿਚ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨਾਲ ਪਿਆਰ ਬਣੇ।

1796	44	ਦੂਖੁ ਸੰਤਾਪੁ ਨ ਲਗਈ ਜਿਸੁ ਹਰਿ ਕਾ ਨਾਮੁ ਅਧਾਰੁ॥	(ਸੰਤਾਪੁ) ਮਾਨਸਕ ਸਾੜਾ। (ਅਧਾਰੁ) ਆਸਰਾ	Dhookh Santhaap N Lagee Jis Har Kaa Naam Adhhaar ||	Suffering and sorrow do not touch those who have the Support of the Name of the Lord.	ਜਿਸ ਮਨੁੱਖ ਨੂੰ ਪਰਮਾਤਮਾ ਦਾ ਨਾਮ (ਜ਼ਿੰਦਗੀ ਦਾ) ਆਸਰਾ ਮਿਲ ਜਾਂਦਾ ਹੈ, ਉਸ ਨੂੰ ਕੋਈ ਦੁੱਖ, ਕੋਈ ਕਲੇਸ਼ ਪੋਹ ਨਹੀਂ ਸਕਦਾ।
1797	44	ਬਾਹ ਪਕੜਿ ਗੁਰਿ ਕਾਢਿਆ ਸੋਈ ਉਤਰਿਆ ਪਾਰਿ॥੩॥		Baah Pakarr Gur Kaadtiaa Soee Outhariaa Paar ||3||	Grasping him by the arm, the Guru lifts them up and out, and carries them across to the other side. ||3||	ਜਿਸ ਮਨੁੱਖ ਨੂੰ ਗੁਰੂ ਨੇ ਬਾਂਹ ਫੜ ਕੇ (ਵਿਕਾਰਾਂ ਵਿਚੋਂ ਬਾਹਰ) ਕੱਢ ਲਿਆ, ਉਹ (ਸੰਸਾਰ-ਸਮੁੰਦਰ ਵਿਚੋਂ ਸਹੀ-ਸਲਾਮਤਿ) ਪਾਰ ਲੰਘ ਗਿਆ ॥੩॥
1798	44	ਥਾਨੁ ਸੁਹਾਵਾ ਪਵਿਤੁ ਹੈ ਜਿਥੈ ਸੰਤ ਸਭਾ॥	(ਸੁਹਾਵਾ) ਸੋਹਣਾ ਸ਼ੋਭਨੀਕ। ਪਵਿੱਤੁ। ਸਭਾ: ਪੋਲਾ ਬੋਲੋ	Thhaan Suhaavaa Pavith Hai Jithhai Santh Sabhaa ||	Embellished and immaculate is that place where the Saints gather together.	(ਇਹ ਸਾਰੀ ਬਰਕਤਿ ਹੈ ਗੁਰੂ ਦੀ, ਸਾਧ ਸੰਗਤਿ ਦੀ) ਜਿੱਥੇ ਸਾਧ ਸੰਗਤਿ (ਜੁੜਦੀ) ਹੈ ਉਹ ਥਾਂ ਸੋਹਣਾ ਹੈ ਪਵਿਤ੍ਰ ਹੈ।
1799	44	ਢੋਈ ਤਿਸ ਹੀ ਨੋ ਮਿਲੈ ਜਿਨਿ ਪੂਰਾ ਗੁਰੂ ਲਭਾ॥	(ਢੋਈ) ਆਸਰਾ। ਲੱਭਾ	Dtoee This Hee No Milai Jin Pooraa Guroo Labhaa ||	He alone finds shelter, who has met the Perfect Guru.	(ਸਾਧ ਸੰਗਤਿ ਵਿਚ ਆ ਕੇ) ਜਿਸ ਮਨੁੱਖ ਨੇ ਪੂਰਾ ਗੁਰੂ ਲੱਭ ਲਿਆ ਹੈ, ਉਸੇ ਨੂੰ ਹੀ (ਪਰਮਾਤਮਾ ਦੀ ਹਜ਼ੂਰੀ ਵਿਚ) ਆਸਰਾ ਮਿਲਦਾ ਹੈ।

1800	44	ਨਾਨਕ ਬਧਾ ਘਰੁ ਤਹਾਂ ਜਿਥੈ ਮਿਰਤੁ ਨ ਜਨਮੁ ਜਰਾ॥੪॥੬॥੭੬॥	(ਜਰਾ) ਬੁਢੇਪਾ। ਬੱਧਾ	Naanak Badhhaa Ghar Thehaan Jithhai Mirath N Janam Jaraa ||4||6||76||	Nanak builds his house upon that site where there is no death, no birth, and no old age. ||4||6||76||	ਹੇ ਨਾਨਕ! ਉਸ ਮਨੁੱਖ ਨੇ ਆਪਣਾ ਪੱਕਾ ਟਿਕਾਣਾ ਉਸ ਥਾਂ ਬਣਾ ਲਿਆ, ਜਿਥੇ ਆਤਮਕ ਮੌਤ ਨਹੀਂ; ਜਿੱਥੇ ਜਨਮ ਮਰਨ ਦਾ ਗੇੜ ਨਹੀਂ; ਜਿਥੇ ਆਤਮਕ ਜੀਵਨ ਕਦੇ ਕਮਜ਼ੋਰ ਨਹੀਂ ਹੁੰਦਾ ॥੪॥੬॥੭੬॥
1801	44	ਸ੍ਰੀਰਾਗੁ ਮਹਲਾ ੫॥		Sreeraag Mehalaa 5 ||	Siree Raag, Fifth Mehl:	
1802	44	ਸੋਈ ਧਿਆਈਐ ਜੀਅੜੇ ਸਿਰਿ ਸਾਹਾਂ ਪਾਤਿਸਾਹੁ॥		Soee Dhhiaaeeai Jeearrae Sir Saahaan Paathisaahu ||	Meditate on Him, O my soul; He is the Supreme Lord over kings and emperors.	ਹੇ ਮੇਰੀ ਜਿੰਦੇ! ਉਸੇ ਪ੍ਰਭੂ (ਦੇ ਚਰਨਾਂ) ਦਾ ਧਿਆਨ ਧਰਨਾ ਚਾਹੀਦਾ ਹੈ, ਜੋ ਸਭ ਸ਼ਾਹਾਂ ਦੇ ਸਿਰ ਉੱਤੇ ਪਾਤਿਸ਼ਾਹ ਹੈ।
1803	44	ਤਿਸ ਹੀ ਕੀ ਕਰਿ ਆਸ ਮਨ ਜਿਸ ਕਾ ਸਭਸੁ ਵੇਸਾਹੁ॥	(ਵੇਸਾਹੁ) ਭਰੋਸਾ। ਸਭਸੁ: ਪੋਲਾ ਬੋਲੋ	This Hee Kee Kar Aas Man Jis Kaa Sabhas Vaesaahu ||	Place the hopes of your mind in the One, in whom all have faith.	ਹੇ (ਮੇਰੇ) ਮਨ! ਸਿਰਫ਼ ਉਸ ਪਰਮਾਤਮਾ ਦੀ (ਸਹੈਤਾ ਦੀ) ਆਸ ਬਣਾ, ਜਿਸ ਦਾ ਸਭ ਜੀਵਾਂ ਨੂੰ ਭਰੋਸਾ ਹੈ।
1804	44	ਸਭਿ ਸਿਆਣਪਾ ਛਡਿ ਕੈ ਗੁਰ ਕੀ ਚਰਣੀ ਪਾਹੁ॥੧॥		Sabh Siaanapaa Shhadd Kai Gur Kee Charanee Paahu ||1||	Give up all your clever tricks, and grasp the Feet of the Guru. ||1||	(ਹੇ ਮਨ!) ਸਾਰੀਆਂ ਚਤੁਰਾਈਆਂ ਛੱਡ ਕੇ ਗੁਰੂ ਦੇ ਚਰਨੀਂ ਪਉ (ਗੁਰੂ ਦੀ ਸਰਨ ਪਿਆਂ ਹੀ ਪਰਮਾਤਮਾ ਦਾ ਮਿਲਾਪ ਹੁੰਦਾ ਹੈ) ॥੧॥

1805	44	ਮਨ ਮੇਰੇ ਸੁਖ ਸਹਜ ਸੇਤੀ ਜਪਿ ਨਾਉ॥		Man Maerae Sukh Sehaj Saethee Jap Naao ||	O my mind, chant the Name with intuitive peace and poise.	ਹੇ ਮੇਰੇ ਮਨ! ਆਨੰਦ ਨਾਲ ਤੇ ਆਤਮਕ ਅਡੋਲਤਾ ਨਾਲ ਪਰਮਾਤਮਾ ਦਾ ਨਾਮ ਸਿਮਰ।
1806	44	ਆਠ ਪਹਰ ਪ੍ਰਭੁ ਧਿਆਇ ਤੂੰ ਗੁਣ ਗੋਇੰਦ ਨਿਤ ਗਾਉ॥੧॥ਰਹਾਉ॥		Aath Pehar Prabh Dhhiaae Thoon Gun Goeindh Nith Gaao ||1|| Rehaao ||	Twenty-four hours a day, meditate on God. Constantly sing the Glories of the Lord of the Universe. ||1||Pause||	ਅੱਠੇ ਪਹਰ ਪ੍ਰਭੂ ਨੂੰ ਸਿਮਰਦਾ ਰਹੁ, ਸਦਾ ਗੋਬਿੰਦ ਦੇ ਗੁਣ ਗਾਂਦਾ ਰਹੁ ॥੧॥ ਰਹਾਉ ॥
1807	44	ਤਿਸ ਕੀ ਸਰਨੀ ਪਰੁ ਮਨਾ ਜਿਸੁ ਜੇਵਡੁ ਅਵਰੁ ਨ ਕੋਇ॥		This Kee Saranee Par Manaa Jis Jaevadd Avar N Koe ||	Seek His Shelter, O my mind; there is no other as Great as He.	ਹੇ (ਮੇਰੇ) ਮਨ! ਉਸ ਪਰਮਾਤਮਾ ਦੀ ਸਰਨ ਪਉ, ਜਿਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ,
1808	44	ਜਿਸੁ ਸਿਮਰਤ ਸੁਖੁ ਹੋਇ ਘਣਾ ਦੁਖੁ ਦਰਦੁ ਨ ਮੂਲੇ ਹੋਇ॥	(ਘਣਾ) ਬਹੁਤਾ। (ਮੂਲੇ) ਬਿਲਕੁਲ	Jis Simarath Sukh Hoe Ghanaa Dhukh Dharadh N Moolae Hoe ||	Remembering Him in meditation, a profound peace is obtained. Pain and suffering will not touch you at all.	ਜਿਸ ਦਾ ਨਾਮ ਸਿਮਰਿਆਂ ਬਹੁਤ ਆਤਮਕ ਆਨੰਦ ਮਿਲਦਾ ਹੈ, ਤੇ ਕੋਈ ਭੀ ਦੁੱਖ ਕਲੇਸ਼ ਉੱਕਾ ਹੀ ਪੋਹ ਨਹੀਂ ਸਕਦਾ।
1809	44	ਸਦਾ ਸਦਾ ਕਰਿ ਚਾਕਰੀ ਪ੍ਰਭੁ ਸਾਹਿਬੁ ਸਚਾ ਸੋਇ॥੨॥		Sadhaa Sadhaa Kar Chaakaree Prabh Saahib Sachaa Soe ||2||	Forever and ever, work for God; He is our True Lord and Master. ||2||	(ਹੇ ਮਨ!) ਪਰਮਾਤਮਾ ਹੀ ਸਦਾ ਕਾਇਮ ਰਹਿਣ ਵਾਲਾ ਮਾਲਕ ਹੈ, ਸਦਾ ਉਸੇ ਦੀ ਹੀ ਸੇਵਾ ਭਗਤੀ ਕਰਦਾ ਰਹੁ ॥੨॥

1810	44	ਸਾਧਸੰਗਤਿ ਹੋਇ ਨਿਰਮਲਾ ਕਟੀਐ ਜਮ ਕੀ ਫਾਸ॥		Saadhhasangath Hoe Niramalaa Katteeai Jam Kee Faas ||	In the Saadh Sangat, the Company of the Holy, you shall become absolutely pure, and the noose of death shall be cut away.	ਸਾਧ ਸੰਗਤਿ ਵਿਚ ਰਿਹਾਂ (ਆਚਰਨ) ਪਵਿਤ੍ਰ ਹੋ ਜਾਂਦਾ ਹੈ, ਤੇ ਜਮਾਂ ਦੀ ਫਾਹੀ ਕੱਟੀ ਜਾਂਦੀ ਹੈ।
1811	44	ਸੁਖਦਾਤਾ ਭੈ ਭੰਜਨੋ ਤਿਸੁ ਆਗੈ ਕਰਿ ਅਰਦਾਸਿ॥		Sukhadhaathaa Bhai Bhanjano This Aagai Kar Aradhaas ||	So offer your prayers to Him, the Giver of Peace, the Destroyer of fear.	(ਹੇ ਮਨ! ਸਾਧ ਸੰਗਤਿ ਦਾ ਆਸਰਾ ਲੈ ਕੇ) ਉਸ ਪਰਮਾਤਮਾ ਅੱਗੇ ਅਰਦਾਸ ਕਰਦਾ ਰਹੁ, ਜੋ ਸਾਰੇ ਸੁਖ ਦੇਣ ਵਾਲਾ ਹੈ ਤੇ ਸਾਰੇ ਡਰ-ਸਹਮ ਨਾਸ ਕਰਨ ਵਾਲਾ ਹੈ।
1812	44	ਮਿਹਰ ਕਰੇ ਜਿਸੁ ਮਿਹਰਵਾਨੁ ਤਾਂ ਕਾਰਜੁ ਆਵੈ ਰਾਸਿ॥੩॥	ਮਿਹਰ: ਮੰਮੇ ਸਿਹਾਰੀ, ਹਾਹਾ ਮੁਕਤਾ ਸੰਕੋਚ ਕੇ ਬੋਲੋ	Mihar Karae Jis Miharavaan Thaan Kaaraj Aavai Raas ||3||	Showing His Mercy, the Merciful Master shall resolve your affairs. ||3||	ਮਿਹਰ ਕਰਨ ਵਾਲਾ ਪਰਮਾਤਮਾ ਜਿਸ ਮਨੁੱਖ ਉੱਤੇ ਜਦੋਂ ਮਿਹਰ (ਦੀ ਨਿਗਾਹ) ਕਰਦਾ ਹੈ, ਤਦੋਂ ਉਸ ਦੀ ਮਨੁੱਖਾ ਜੀਵਨ ਦੀ ਭਾਰੀ ਜ਼ਿੰਮੇਵਾਰੀ ਸਿਰੇ ਚੜ੍ਹ ਜਾਂਦੀ ਹੈ ॥੩॥
1813	44	ਬਹੁਤੋ ਬਹੁਤੁ ਵਖਾਣੀਐ ਊਚੋ ਊਚਾ ਥਾਉ॥		Bahutho Bahuth Vakhaaneeai Oocho Oochaa Thhaao ||	The Lord is said to be the Greatest of the Great; His Kingdom is the Highest of the High.	ਹਰ ਕੋਈ ਆਖਦਾ ਹੈ ਕਿ ਪਰਮਾਤਮਾ ਬਹੁਤ ਉੱਚਾ ਹੈ, ਬਹੁਤ ਉੱਚਾ ਹੈ, ਉਸ ਦਾ ਟਿਕਾਣਾ ਬਹੁਤ ਉੱਚਾ ਹੈ।

1814	44	ਵਰਨਾ ਚਿਹਨਾ ਬਾਹਰਾ ਕੀਮਤਿ ਕਹਿ ਨ ਸਕਾਉ॥	(ਵਰਨਾ) ਰੰਗਾਂ। (ਚਿਹਨਾ) ਨਿਸ਼ਾਨਾਂ	Varanaa Chihanaa Baaharaa Keemath Kehi N Sakaao ||	He has no color or mark; His Value cannot be estimated.	ਉਸ ਪ੍ਰਭੂ ਦਾ ਕੋਈ ਖ਼ਾਸ ਰੰਗ ਨਹੀਂ ਹੈ ਕੋਈ ਖ਼ਾਸ ਰੂਪ-ਰੇਖਾ ਨਹੀਂ ਹੈ। ਮੈਂ ਉਸ ਦੀ ਕੋਈ ਕੀਮਤ ਨਹੀਂ ਦੱਸ ਸਕਦਾ (ਭਾਵ, ਦੁਨੀਆ ਦੇ ਕਿਸੇ ਭੀ ਪਦਾਰਥ ਦੇ ਵੱਟੇ ਉਸ ਦੀ ਪ੍ਰਾਪਤੀ ਨਹੀਂ ਹੋ ਸਕਦੀ)।
1815	44	ਨਾਨਕ ਕਉ ਪ੍ਰਭ ਮਇਆ ਕਰਿ ਸਚੁ ਦੇਵਹੁ ਅਪੁਣਾ ਨਾਉ॥੪॥੭॥੭੭॥	(ਮਇਆ) ਦਇਆ	Naanak Ko Prabh Maeiaa Kar Sach Dhaevahu Apunaa Naao ||4||7||77||	Please show Mercy to Nanak, God, and bless him with Your True Name. ||4||7||77||	ਹੇ ਪ੍ਰਭੂ! ਮਿਹਰ ਕਰ ਤੇ ਮੈਨੂੰ ਨਾਨਕ ਨੂੰ ਆਪਣਾ ਸਦਾ ਕਾਇਮ ਰਹਿਣ ਵਾਲਾ ਨਾਮ ਬਖ਼ਸ਼ (ਕਿਉਂਕਿ ਜਿਸ ਨੂੰ ਤੇਰਾ ਨਾਮ ਮਿਲ ਜਾਂਦਾ ਹੈ ਉਸ ਨੂੰ ਤੇਰਾ ਮੇਲ ਹੋ ਜਾਂਦਾ ਹੈ) ॥੪॥੭॥੭੭॥
1816	44	ਸ੍ਰੀਰਾਗੁ ਮਹਲਾ ੫॥		Sreeraag Mehalaa 5 ||	Siree Raag, Fifth Mehl:	
1817	44	ਨਾਮੁ ਧਿਆਏ ਸੋ ਸੁਖੀ ਤਿਸੁ ਮੁਖੁ ਊਜਲੁ ਹੋਇ॥		Naam Dhhiaaeae So Sukhee This Mukh Oojal Hoe ||	One who meditates on the Naam is at peace; his face is radiant and bright.	ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ, ਉਹੀ ਸੁਖੀ ਰਹਿੰਦਾ ਹੈ, ਉਸ ਦਾ ਮੂੰਹ (ਲੋਕ ਪਰਲੋਕ ਵਿਚ) ਉੱਜਲਾ ਰਹਿੰਦਾ ਹੈ।
1818	44	ਪੂਰੇ ਗੁਰ ਤੇ ਪਾਈਐ ਪਰਗਟੁ ਸਭਨੀ ਲੋਇ॥	(ਲੋਇ) ਲੋਕਾਂ ਦੁਨੀਆਂ ਚ	Poorae Gur Thae Paaeeai Paragatt Sabhanee Loe ||	Obtaining it from the Perfect Guru, he is honored all over the world.	(ਇਹ ਨਾਮ) ਪੂਰੇ ਗੁਰੂ ਤੋਂ ਹੀ ਮਿਲਦਾ ਹੈ (ਭਾਵੇਂ ਨਾਮ ਦਾ ਮਾਲਕ ਪ੍ਰਭੂ) ਸਾਰੇ ਹੀ ਭਵਨਾਂ ਵਿਚ ਪ੍ਰਤੱਖ ਵੱਸਦਾ ਹੈ।

1819	44	ਸਾਧਸੰਗਤਿ ਕੈ ਘਰਿ ਵਸੈ ਏਕੋ ਸਚਾ ਸੋਇ॥੧॥		Saadhhasangath Kai Ghar Vasai Eaeko Sachaa Soe ||1||	In the Company of the Holy, the One True Lord comes to abide within the home of the self. ||1||	ਉਹ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਸਾਧ ਸੰਗਤਿ ਦੇ ਘਰ ਵਿਚ ਵੱਸਦਾ ਹੈ ॥੧॥
1820	45	ਮੇਰੇ ਮਨ ਹਰਿ ਹਰਿ ਨਾਮੁ ਧਿਆਇ॥		Maerae Man Har Har Naam Dhhiaae ||	O my mind, meditate on the Name of the Lord, Har, Har.	ਹੇ ਮੇਰੇ ਮਨ! ਸਦਾ ਪਰਮਾਤਮਾ ਦਾ ਨਾਮ ਸਿਮਰ।
1821	45	ਨਾਮੁ ਸਹਾਈ ਸਦਾ ਸੰਗਿ ਆਗੈ ਲਏ ਛਡਾਇ॥੧॥ਰਹਾਉ॥		Naam Sehaaee Sadhaa Sang Aagai Leae Shhaddaae ||1|| Rehaao ||	The Naam is your Companion; it shall always be with you. It shall save you in the world hereafter. ||1||Pause||	ਪਰਮਾਤਮਾ ਦਾ ਨਾਮ (ਜਿੰਦ ਦੀ) ਸਹੈਤਾ ਕਰਨ ਵਾਲਾ ਹੈ, (ਸਦਾ ਜਿੰਦ ਦੇ) ਨਾਲ ਰਹਿੰਦਾ ਹੈ ਤੇ ਪਰਲੋਕ ਵਿਚ (ਕੀਤੇ ਕਰਮਾਂ ਦਾ ਲੇਖਾ ਹੋਣ ਵੇਲੇ) ਛਡਾ ਲੈਂਦਾ ਹੈ ॥੧॥ ਰਹਾਉ ॥
1822	45	ਦੁਨੀਆ ਕੀਆ ਵਡਿਆਈਆ ਕਵਨੈ ਆਵਹਿ ਕਾਮਿ॥		Dhuneeaa Keeaa Vaddiaaeeaa Kavanai Aavehi Kaam ||	What good is worldly greatness?	(ਹੇ ਮੇਰੇ ਮਨ!) ਦੁਨੀਆ ਵਾਲੀਆਂ ਵਡਿਆਈਆਂ ਕਿਸੇ ਕੰਮ ਨਹੀਂ ਆਉਂਦੀਆਂ।
1823	45	ਮਾਇਆ ਕਾ ਰੰਗੁ ਸਭੁ ਫਿਕਾ ਜਾਤੋ ਬਿਨਸਿ ਨਿਦਾਨਿ॥	(ਨਿਦਾਨਿ) ਅੰਤ ਨੂੰ। ਫਿੱਕਾ, ਜੱਾਤੋ: ਕਸਕੇ	Maaeiaa Kaa Rang Sabh Fikaa Jaatho Binas Nidhaan ||	All the pleasures of Maya are tasteless and insipid. In the end, they shall all fade away.	ਮਾਇਆ ਦੇ ਕਾਰਨ (ਮੂੰਹ ਉੱਤੇ ਦਿੱਸਦਾ) ਰੰਗ ਫਿਕਾ ਪੈ ਜਾਂਦਾ ਹੈ, ਕਿਉਂਕਿ ਇਹ ਰੰਗ ਆਖ਼ਰ ਨਾਸ ਹੋ ਜਾਂਦਾ ਹੈ।

1824	45	ਜਾ ਕੈ ਹਿਰਦੈ ਹਰਿ ਵਸੈ ਸੋ ਪੂਰਾ ਪਰਧਾਨੁ॥੨॥		Jaa Kai Hiradhai Har Vasai So Pooraa Paradhhaan ||2||	Perfectly fulfilled and supremely acclaimed is the one, in whose heart the Lord abides. ||2||	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ (ਦਾ ਨਾਮ) ਵੱਸਦਾ ਹੈ, ਉਹ ਸਭ ਗੁਣਾਂ ਵਾਲਾ ਹੋ ਜਾਂਦਾ ਹੈ ਤੇ (ਹਰ ਥਾਂ) ਮੰਨਿਆ-ਪ੍ਰਮੰਨਿਆ ਜਾਂਦਾ ਹੈ ॥੨॥
1825	45	ਸਾਧੂ ਕੀ ਹੋਹੁ ਰੇਣੁਕਾ ਅਪਣਾ ਆਪੁ ਤਿਆਗਿ॥		Saadhhoo Kee Hohu Raenukaa Apanaa Aap Thiaag ||	Become the dust of the Saints; renounce your selfishness and conceit.	(ਹੇ ਮੇਰੇ ਮਨ!) ਗੁਰੂ ਦੇ ਚਰਨਾਂ ਦੀ ਧੂੜ ਬਣ, ਤੇ ਆਪਣਾ ਆਪਾ-ਭਾਵ ਛੱਡ ਦੇਹ।
1826	45	ਉਪਾਵ ਸਿਆਣਪ ਸਗਲ ਛਡਿ ਗੁਰ ਕੀ ਚਰਣੀ ਲਾਗੁ॥		Oupaav Siaanap Sagal Shhadd Gur Kee Charanee Laag ||	Give up all your schemes and your clever mental tricks, and fall at the Feet of the Guru.	(ਹੇ ਮਨ! ਹੋਰ) ਸਾਰੇ ਹੀਲੇ ਤੇ ਚਤੁਰਾਈਆਂ ਛੱਡ ਕੇ ਗੁਰੂ ਦੀ ਸਰਨ ਪਿਆ ਰਹੁ।
1827	45	ਤਿਸਹਿ ਪਰਾਪਤਿ ਰਤਨੁ ਹੋਇ ਜਿਸੁ ਮਸਤਕਿ ਹੋਵੈ ਭਾਗੁ॥੩॥		Thisehi Paraapath Rathan Hoe Jis Masathak Hovai Bhaag ||3||	He alone receives the Jewel, upon whose forehead such wondrous destiny is written. ||3||	ਜਿਸ ਮਨੁੱਖ ਦੇ ਮੱਥੇ ਉੱਤੇ (ਪੂਰਬਲਾ) ਭਾਗ ਜਾਗਦਾ ਹੈ, (ਉਹ ਗੁਰੂ ਦੀ ਸਰਨ ਪੈਂਦਾ ਹੈ ਤੇ ਉਸ ਨੂੰ) ਪਰਮਾਤਮਾ ਦਾ ਨਾਮ-ਰਤਨ ਮਿਲ ਪੈਂਦਾ ਹੈ ॥੩॥
1828	45	ਤਿਸੈ ਪਰਾਪਤਿ ਭਾਈਹੋ ਜਿਸੁ ਦੇਵੈ ਪ੍ਰਭੁ ਆਪਿ॥		Thisai Paraapath Bhaaeeho Jis Dhaevai Prabh Aap ||	O Siblings of Destiny, it is received only when God Himself bestows it.	ਹੇ ਭਰਾਵੋ! ਪ੍ਰਭੂ ਦਾ ਨਾਮ ਉਸੇ ਮਨੁੱਖ ਨੂੰ ਮਿਲਦਾ ਹੈ ਜਿਸ ਨੂੰ (ਗੁਰੂ ਦੀ ਰਾਹੀਂ) ਪ੍ਰਭੂ ਆਪ ਦੇਂਦਾ ਹੈ।

1829	45	ਸਤਿਗੁਰ ਕੀ ਸੇਵਾ ਸੋ ਕਰੇ ਜਿਸੁ ਬਿਨਸੈ ਹਉਮੈ ਤਾਪੁ॥		Sathigur Kee Saevaa So Karae Jis Binasai Houmai Thaap ||	People serve the True Guru only when the fever of egotism has been eradicated.	ਗੁਰੂ ਦੀ ਸੇਵਾ ਭੀ ਉਹੀ ਮਨੁੱਖ ਕਰਦਾ ਹੈ ਜਿਸ ਦੇ ਅੰਦਰੋਂ ਹਉਮੈ ਦਾ ਤਾਪ ਨਾਸ ਹੋ ਜਾਂਦਾ ਹੈ।
1830	45	ਨਾਨਕ ਕਉ ਗੁਰੁ ਭੇਟਿਆ ਬਿਨਸੇ ਸਗਲ ਸੰਤਾਪ॥੪॥੮॥੭੮॥	(ਸੰਤਾਪ) ਦੁੱਖ ਕਲੇਸ਼	Naanak Ko Gur Bhaettiaa Binasae Sagal Santhaap ||4||8||78||	Nanak has met the Guru; all his sufferings have come to an end. ||4||8||78||	ਹੇ ਨਾਨਕ! ਜਿਸ ਮਨੁੱਖ ਨੂੰ ਗੁਰੂ ਮਿਲਦਾ ਹੈ ਉਸ ਦੇ ਸਾਰੇ ਕਲੇਸ਼ ਦੂਰ ਹੋ ਜਾਂਦੇ ਹਨ ॥੪॥੮॥੭੮॥
1831	45	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
1832	45	ਇਕੁ ਪਛਾਣੂ ਜੀਅ ਕਾ ਇਕੋ ਰਖਣਹਾਰੁ॥	(ਪਛਾਣੂ) ਪਛਾਣਨ ਵਾਲੇ	Eik Pashhaanoo Jeea Kaa Eiko Rakhanehaar ||	The One is the Knower of all beings; He alone is our Savior.	(ਹੇ ਭਾਈ!) ਜਿੰਦ ਦਾ ਮਿੱਤਰ ਸਿਰਫ਼ ਪਰਮਾਤਮਾ ਹੀ ਹੈ, ਪਰਮਾਤਮਾ ਹੀ ਜਿੰਦ ਨੂੰ (ਵਿਕਾਰ ਆਦਿਕਾਂ ਤੋਂ) ਬਚਾਣ ਵਾਲਾ ਹੈ,
1833	45	ਇਕਸ ਕਾ ਮਨਿ ਆਸਰਾ ਇਕੋ ਪ੍ਰਾਣ ਅਧਾਰੁ॥	(ਅਧਾਰੁ) ਆਸਰਾ	Eikas Kaa Man Aasaraa Eiko Praan Adhhaar ||	The One is the Support of the mind; the One is the Support of the breath of life.	(ਇਸ ਵਾਸਤੇ) ਆਪਣੇ ਮਨ ਵਿਚ ਸਿਰਫ਼ ਪਰਮਾਤਮਾ ਦਾ ਆਸਰਾ ਰੱਖ, ਸਿਰਫ਼ ਪਰਮਾਤਮਾ ਹੀ ਜਿੰਦ ਦਾ ਸਹਾਰਾ ਹੈ।

1834	45	ਤਿਸੁ ਸਰਣਾਈ ਸਦਾ ਸੁਖੁ ਪਾਰਬ੍ਰਹਮੁ ਕਰਤਾਰੁ॥੧॥		This Saranaaee Sadhaa Sukh Paarabreham Karathaar ||1||	In His Sanctuary there is eternal peace. He is the Supreme Lord God, the Creator. ||1||	ਉਹ ਪਾਰਬ੍ਰਹਮ ਕਰਤਾਰ (ਹੀ ਸਹਾਰਾ ਹੈ) ਉਸ ਦੀ ਸਰਨ ਪਿਆਂ ਸਦਾ ਸੁਖ ਮਿਲਦਾ ਹੈ ॥੧॥
1835	45	ਮਨ ਮੇਰੇ ਸਗਲ ਉਪਾਵ ਤਿਆਗੁ॥		Man Maerae Sagal Oupaav Thiaag ||	O my mind, give up all these efforts.	ਹੇ ਮੇਰੇ ਮਨ! ਹੋਰ ਸਾਰੇ ਹੀਲੇ ਛੱਡ ਦੇ।
1836	45	ਗੁਰੁ ਪੂਰਾ ਆਰਾਧਿ ਨਿਤ ਇਕਸੁ ਕੀ ਲਿਵ ਲਾਗੁ॥੧॥ਰਹਾਉ॥		Gur Pooraa Aaraadhh Nith Eikas Kee Liv Laag ||1|| Rehaao ||	Dwell upon the Perfect Guru each day, and attach yourself to the One Lord. ||1||Pause||	ਸਿਰਫ਼ ਪੂਰੇ ਗੁਰੂ ਨੂੰ ਸਦਾ ਚੇਤੇ ਰੱਖ (ਸਿਰਫ਼ ਗੁਰੂ ਦੇ ਸ਼ਬਦ ਦਾ ਆਸਰਾ ਲੈ, ਤੇ) ਇਕ ਪਰਮਾਤਮਾ (ਦੇ ਚਰਨਾਂ) ਦੀ ਲਗਨ (ਆਪਣੇ ਅੰਦਰ) ਲਾਈ ਰੱਖ ॥੧॥ ਰਹਾਉ ॥
1837	45	ਇਕੋ ਭਾਈ ਮਿਤੁ ਇਕੁ ਇਕੋ ਮਾਤ ਪਿਤਾ॥		Eiko Bhaaee Mith Eik Eiko Maath Pithaa ||	The One is my Brother, the One is my Friend. The One is my Mother and Father.	(ਹੇ ਮਨ!) ਸਿਰਫ਼ ਪਰਮਾਤਮਾ ਹੀ (ਅਸਲ) ਭਰਾ ਹੈ ਮਿੱਤਰ ਹੈ, ਸਿਰਫ਼ ਪਰਮਾਤਮਾ ਹੀ (ਅਸਲ) ਮਾਂ ਪਿਉ ਹੈ (ਭਾਵ, ਮਾਪਿਆਂ ਵਾਂਗ ਪਾਲਣਹਾਰ ਹੈ)।
1838	45	ਇਕਸ ਕੀ ਮਨਿ ਟੇਕ ਹੈ ਜਿਨਿ ਜੀਉ ਪਿੰਡੁ ਦਿਤਾ॥		Eikas Kee Man Ttaek Hai Jin Jeeo Pindd Dhithaa ||	The One is the Support of the mind; He has given us body and soul.	(ਮੈਨੂੰ ਤਾਂ) ਉਸ ਪਰਮਾਤਮਾ ਦਾ ਹੀ ਮਨ ਵਿਚ ਸਹਾਰਾ ਹੈ ਜਿਸ ਨੇ ਇਹ ਜਿੰਦ ਦਿੱਤੀ ਹੈ, ਜਿਸ ਨੇ ਇਹ ਸਰੀਰ ਦਿੱਤਾ ਹੈ।

1839	45	ਸੋ ਪ੍ਰਭੁ ਮਨਹੁ ਨ ਵਿਸਰੈ ਜਿਨਿ ਸਭੁ ਕਿਛੁ ਵਸਿ ਕੀਤਾ॥੨॥	ਵੱਸਿ	So Prabh Manahu N Visarai Jin Sabh Kishh Vas Keethaa ||2||	May I never forget God from my mind; He holds all in the Power of His Hands. ||2||	(ਮੇਰੀ ਸਦਾ ਇਹੀ ਅਰਦਾਸ ਹੈ ਕਿ) ਜਿਸ ਪ੍ਰਭੂ ਨੇ ਸਭ ਕੁਝ ਆਪਣੇ ਵੱਸ ਵਿਚ ਰਖਿਆ ਹੋਇਆ ਹੈ ਉਹ ਕਦੇ ਮੇਰੇ ਮਨ ਤੋਂ ਨਾਹ ਭੁੱਲੇ ॥੨॥
1840	45	ਘਰਿ ਇਕੋ ਬਾਹਰਿ ਇਕੋ ਥਾਨ ਥਨੰਤਰਿ ਆਪਿ॥	ਬਾ-ਹਰਿ: ਹਾਹਾ ਮੁਕਤਾ ਰਾਰੇ ਸਿਹਾਰੀ ਲਾ ਕੇ	Ghar Eiko Baahar Eiko Thhaan Thhananthar Aap ||	The One is within the home of the self, and the One is outside as well. He Himself is in all places and interspaces.	(ਹੇ ਭਾਈ! ਤੇਰੇ) ਹਿਰਦੇ ਵਿਚ ਭੀ ਤੇ ਬਾਹਰ ਹਰ ਥਾਂ ਭੀ ਸਿਰਫ਼ ਪਰਮਾਤਮਾ ਹੀ ਵੱਸ ਰਿਹਾ ਹੈ।
1841	45	ਜੀਅ ਜੰਤ ਸਭਿ ਜਿਨਿ ਕੀਏ ਆਠ ਪਹਰ ਤਿਸੁ ਜਾਪਿ॥		Jeea Janth Sabh Jin Keeeae Aath Pehar This Jaap ||	Meditate twenty-four hours a day on the One who created all beings and creatures.	(ਹੇ ਭਾਈ!) ਅੱਠੇ ਪਹਿਰ ਉਸ ਪ੍ਰਭੂ ਨੂੰ ਸਿਮਰ, ਜਿਸ ਨੇ ਸਾਰੇ ਜੀਅ ਜੰਤ ਪੈਦਾ ਕੀਤੇ ਹਨ।
1842	45	ਇਕਸੁ ਸੇਤੀ ਰਤਿਆ ਨ ਹੋਵੀ ਸੋਗ ਸੰਤਾਪੁ॥੩॥	(ਸੋਗ) ਦੁੱਖ। (ਸੰਤਾਪ) ਕਲੇਸ਼	Eikas Saethee Rathiaa N Hovee Sog Santhaap ||3||	Attuned to the Love of the One, there is no sorrow or suffering. ||3||	ਜੇ ਸਿਰਫ਼ ਪਰਮਾਤਮਾ ਦੇ (ਪਿਆਰ-ਰੰਗ) ਵਿਚ ਰੰਗੇ ਰਹੀਏ, ਤਾਂ ਕਦੇ ਕੋਈ ਦੁੱਖ ਕਲੇਸ਼ ਨਹੀਂ ਪੋਂਹਦਾ ॥੩॥
1843	45	ਪਾਰਬ੍ਰਹਮੁ ਪ੍ਰਭੁ ਏਕੁ ਹੈ ਦੂਜਾ ਨਾਹੀ ਕੋਇ॥		Paarabreham Prabh Eaek Hai Dhoojaa Naahee Koe ||	There is only the One Supreme Lord God; there is no other at all.	ਪਾਰਬ੍ਰਹਮ ਪਰਮਾਤਮਾ ਹੀ (ਸਾਰੇ ਸੰਸਾਰ ਦਾ ਮਾਲਕ) ਹੈ, ਕੋਈ ਹੋਰ ਉਸ ਦੇ ਬਰਾਬਰ ਦਾ ਨਹੀਂ ਹੈ।

1844	45	ਜੀਉ ਪਿੰਡੁ ਸਭੁ ਤਿਸ ਕਾ ਜੋ ਤਿਸੁ ਭਾਵੈ ਸੁ ਹੋਇ॥		Jeeo Pindd Sabh This Kaa Jo This Bhaavai S Hoe ||	Soul and body all belong to Him; whatever pleases His Will comes to pass.	(ਸਭ ਜੀਵਾਂ ਦਾ) ਸਰੀਰ ਉਸ ਪਰਮਾਤਮਾ ਦਾ ਹੀ ਦਿੱਤਾ ਹੋਇਆ ਹੈ, (ਜਗਤ ਵਿਚ) ਉਹੀ ਕੁਝ ਹੁੰਦਾ ਹੈ ਜੋ ਉਸ ਨੂੰ ਚੰਗਾ ਲਗਦਾ ਹੈ।
1845	45	ਗੁਰਿ ਪੂਰੈ ਪੂਰਾ ਭਇਆ ਜਪਿ ਨਾਨਕ ਸਚਾ ਸੋਇ॥੪॥੯॥੭੯॥		Gur Poorai Pooraa Bhaeiaa Jap Naanak Sachaa Soe ||4||9||79||	Through the Perfect Guru, one becomes perfect; O Nanak, meditate on the True One. ||4||9||79||	ਹੇ ਨਾਨਕ! ਜੇਹੜਾ ਮਨੁੱਖ ਪੂਰੇ ਗੁਰੂ ਦੀ ਰਾਹੀਂ ਉਸ ਸਦਾ-ਥਿਰ ਪ੍ਰਭੂ ਨੂੰ ਸਿਮਰਦਾ ਹੈ, ਉਹ (ਸਭ ਗੁਣਾਂ ਨਾਲ) ਮੁਕੰਮਲ ਹੋ ਜਾਂਦਾ ਹੈ ॥੪॥੯॥੭੯॥
1846	45	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
1847	45	ਜਿਨਾ ਸਤਿਗੁਰ ਸਿਉ ਚਿਤੁ ਲਾਇਆ ਸੇ ਪੂਰੇ ਪਰਧਾਨ॥		Jinaa Sathigur Sio Chith Laaeiaa Sae Poorae Paradhhaan ||	Those who focus their consciousness on the True Guru are perfectly fulfilled and famous.	ਜਿਨ੍ਹਾਂ ਬੰਦਿਆਂ ਨੇ ਸਤਿਗੁਰੂ ਨਾਲ ਆਪਣਾ ਮਨ ਜੋੜਿਆ ਹੈ, ਉਹ ਸਾਰੇ ਗੁਣਾਂ ਵਾਲੇ ਹੋ ਜਾਂਦੇ ਹਨ ਉਹ (ਲੋਕ ਪਰਲੋਕ ਵਿਚ) ਮੰਨੇ-ਪ੍ਰਮੰਨੇ ਜਾਂਦੇ ਹਨ।
1848	45	ਜਿਨ ਕਉ ਆਪਿ ਦਇਆਲੁ ਹੋਇ ਤਿਨ ਉਪਜੈ ਮਨਿ ਗਿਆਨੁ॥		Jin Ko Aap Dhaeiaal Hoe Thin Oupajai Man Giaan ||	Spiritual wisdom wells up in the minds of those unto whom the Lord Himself shows Mercy.	ਜਿਨ੍ਹਾਂ ਉੱਤੇ ਪਰਮਾਤਮਾ ਆਪ ਦਇਆਵਾਨ ਹੁੰਦਾ ਹੈ, ਉਹਨਾਂ ਦੇ ਮਨ ਵਿਚ ਪਰਮਾਤਮਾ ਨਾਲ ਡੂੰਘੀ ਸਾਂਝ ਪੈਦਾ ਹੁੰਦੀ ਹੈ।

1849	45	ਜਿਨ ਕਉ ਮਸਤਕਿ ਲਿਖਿਆ ਤਿਨ ਪਾਇਆ ਹਰਿ ਨਾਮੁ॥੧॥		Jin Ko Masathak Likhiaa Thin Paaeiaa Har Naam ||1||	Those who have such destiny written upon their foreheads obtain the Name of the Lord. ||1||	ਜਿਨ੍ਹਾਂ ਦੇ ਮੱਥੇ ਉੱਤੇ (ਧੁਰੋਂ ਬਖ਼ਸ਼ਸ਼ ਦਾ ਲੇਖ) ਲਿਖਿਆ ਹੋਇਆ ਉੱਘੜਦਾ ਹੈ, ਉਹ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲੈਂਦੇ ਹਨ ॥੧॥
1850	45	ਮਨ ਮੇਰੇ ਏਕੋ ਨਾਮੁ ਧਿਆਇ॥		Man Maerae Eaeko Naam Dhhiaae ||	O my mind, meditate on the Name of the One Lord.	ਹੇ ਮੇਰੇ ਮਨ! ਸਿਰਫ਼ ਪਰਮਾਤਮਾ ਦਾ ਨਾਮ ਸਿਮਰ।
1851	45	ਸਰਬ ਸੁਖਾ ਸੁਖ ਊਪਜਹਿ ਦਰਗਹ ਪੈਧਾ ਜਾਇ॥੧॥ਰਹਾਉ॥	ਸਰੋਪਾ (ਪੈਧਾ) ਪਹਿਨਿਆ	Sarab Sukhaa Sukh Oopajehi Dharageh Paidhhaa Jaae ||1|| Rehaao ||	The happiness of all happiness shall well up, and in the Court of the Lord, you shall be dressed in robes of honor. ||1||Pause||	(ਜੇਹੜਾ ਮਨੁੱਖ ਸਿਮਰਦਾ ਹੈ, ਉਸ ਦੇ ਅੰਦਰ) ਸਾਰੇ ਸ੍ਰੇਸ਼ਟ ਸੁਖ ਪੈਦਾ ਹੋ ਜਾਂਦੇ ਹਨ, ਉਹ ਪਰਮਾਤਮਾ ਦੀ ਦਰਗਾਹ ਵਿਚ ਇੱਜ਼ਤ ਨਾਲ ਜਾਂਦਾ ਹੈ ॥੧॥ ਰਹਾਉ ॥
1852	45	ਜਨਮ ਮਰਣ ਕਾ ਭਉ ਗਇਆ ਭਾਉ ਭਗਤਿ ਗੋਪਾਲ॥	ਗ-ਇਆ	Janam Maran Kaa Bho Gaeiaa Bhaao Bhagath Gopaal ||	The fear of death and rebirth is removed by performing loving devotional service to the Lord of the World.	ਜੇਹੜਾ ਮਨੁੱਖ ਗੋਪਾਲ-ਪ੍ਰਭੂ ਦੀ ਭਗਤੀ ਕਰਦਾ ਹੈ, ਪ੍ਰਭੂ ਨਾਲ ਪ੍ਰੇਮ ਕਰਦਾ ਹੈ, ਉਸ ਦਾ ਜਨਮ ਮਰਨ ਦੇ (ਗੇੜ ਵਿਚ ਪੈਣ) ਦਾ ਡਰ ਦੂਰ ਹੋ ਜਾਂਦਾ ਹੈ।

1853	45	ਸਾਧੂਸੰਗਤਿ ਨਿਰਮਲਾ ਆਪਿ ਕਰੇ ਪ੍ਰਤਿਪਾਲ॥		Saadhhoo Sangath Niramalaa Aap Karae Prathipaal ||	In the Saadh Sangat, the Company of the Holy, one becomes immaculate and pure; the Lord Himself takes care of such a one.	ਸਾਧ ਸੰਗਤਿ ਵਿਚ ਰਹਿ ਕੇ ਉਹ ਪਵਿਤ੍ਰ (ਜੀਵਨ ਵਾਲਾ) ਹੋ ਜਾਂਦਾ ਹੈ, ਪਰਮਾਤਮਾ ਆਪ (ਵਿਕਾਰਾਂ ਤੋਂ ਉਸ ਦੀ) ਰਾਖੀ ਕਰਦਾ ਹੈ।
1854	45	ਜਨਮ ਮਰਣ ਕੀ ਮਲੁ ਕਟੀਐ ਗੁਰ ਦਰਸਨੁ ਦੇਖਿ ਨਿਹਾਲ॥੨॥		Janam Maran Kee Mal Katteeai Gur Dharasan Dhaekh Nihaal ||2||	The filth of birth and death is washed away, and one is uplifted, beholding the Blessed Vision of the Guru's Darshan. ||2||	ਗੁਰੂ ਦਾ ਦਰਸ਼ਨ ਕਰ ਕੇ (ਉਸ ਦਾ ਤਨ ਮਨ) ਖਿੜ ਪੈਂਦਾ ਹੈ, ਜਨਮ ਮਰਨ ਦੇ ਗੇੜ ਵਿਚ ਪਾਣ ਵਾਲੀ ਉਸ ਦੀ ਵਿਕਾਰਾਂ ਦੀ ਮੈਲ ਕੱਟੀ ਜਾਂਦੀ ਹੈ ॥੨॥
1855	45	ਥਾਨ ਥਨੰਤਰਿ ਰਵਿ ਰਹਿਆ ਪਾਰਬ੍ਰਹਮੁ ਪ੍ਰਭੁ ਸੋਇ॥		Thhaan Thhananthar Rav Rehiaa Paarabreham Prabh Soe ||	The Supreme Lord God is pervading all places and interspaces.	(ਹੇ ਮੇਰੇ ਮਨ!) ਉਹ ਪਾਰਬ੍ਰਹਮ ਪਰਮਾਤਮਾ ਹਰੇਕ ਥਾਂ ਵਿਚ ਵਿਆਪਕ ਹੈ।
1856	45	ਸਭਨਾ ਦਾਤਾ ਏਕੁ ਹੈ ਦੂਜਾ ਨਾਹੀ ਕੋਇ॥		Sabhanaa Dhaathaa Eaek Hai Dhoojaa Naahee Koe ||	The One is the Giver of all-there is no other at all.	ਉਹ ਆਪ ਹੀ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ, ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ।
1857	45	ਤਿਸੁ ਸਰਣਾਈ ਛੁਟੀਐ ਕੀਤਾ ਲੋੜੇ ਸੁ ਹੋਇ॥੩॥		This Saranaaee Shhutteeai Keethaa Lorrae S Hoe ||3||	In His Sanctuary, one is saved. Whatever He wishes, comes to pass. ||3||	(ਜਗਤ ਵਿਚ) ਉਹੀ ਕੁਝ ਹੁੰਦਾ ਹੈ ਜੋ ਉਹ ਕਰਨਾ ਚਾਹੁੰਦਾ ਹੈ, ਉਸ ਦੀ ਸਰਨ ਪਿਆਂ (ਵਿਕਾਰਾਂ ਤੋਂ) ਖ਼ਲਾਸੀ ਹੁੰਦੀ ਹੈ ॥੩॥

1858	45	ਜਿਨ ਮਨਿ ਵਸਿਆ ਪਾਰਬ੍ਰਹਮੁ ਸੇ ਪੂਰੇ ਪਰਧਾਨ॥		Jin Man Vasiaa Paarabreham Sae Poorae Paradhhaan ||	Perfectly fulfilled and famous are those, in whose minds the Supreme Lord God abides.	(ਹੇ ਭਾਈ!) ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਪਾਰਬ੍ਰਹਮ ਪਰਮੇਸ਼ਰ (ਦਾ ਨਾਮ) ਵੱਸ ਪੈਂਦਾ ਹੈ, ਉਹਨਾਂ ਦੇ ਅੰਦਰ ਸਾਰੇ ਗੁਣ ਪੈਦਾ ਹੋ ਜਾਂਦੇ ਹਨ।
1859	45	ਤਿਨ ਕੀ ਸੋਭਾ ਨਿਰਮਲੀ ਪਰਗਟੁ ਭਈ ਜਹਾਨ॥		Thin Kee Sobhaa Niramalee Paragatt Bhee Jehaan ||	Their reputation is spotless and pure; they are famous all over the world.	ਉਹ ਹਰ ਥਾਂ ਆਦਰ ਪਾਂਦੇ ਹਨ। ਉਹਨਾਂ ਦੀ ਬੇ-ਦਾਗ਼ ਸੋਭਾ-ਵਡਿਆਈ ਸਾਰੇ ਜਹਾਨ ਵਿਚ ਉੱਘੀ ਹੋ ਜਾਂਦੀ ਹੈ।
1860	45	ਜਿਨੀ ਮੇਰਾ ਪ੍ਰਭੁ ਧਿਆਇਆ ਨਾਨਕ ਤਿਨ ਕੁਰਬਾਨ॥੪॥੧੦॥੮੦॥		Jinee Maeraa Prabh Dhhiaaeiaa Naanak Thin Kurabaan ||4||10||80||	O Nanak, I am a sacrifice to those who meditate on my God. ||4||10||80||	ਹੇ ਨਾਨਕ! (ਆਖ-) ਜਿਨ੍ਹਾਂ ਮਨੁੱਖਾਂ ਨੇ ਪਿਆਰੇ ਪ੍ਰਭੂ ਦਾ ਸਿਮਰਨ ਕੀਤਾ ਹੈ, ਮੈਂ ਉਹਨਾਂ ਤੋਂ ਸਦਕੇ ਜਾਂਦਾ ਹਾਂ ॥੪॥੧੦॥੮੦॥
1861	46	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
1862	46	ਮਿਲਿ ਸਤਿਗੁਰ ਸਭੁ ਦੁਖੁ ਗਇਆ ਹਰਿ ਸੁਖੁ ਵਸਿਆ ਮਨਿ ਆਇ॥	ਗ–ਇਆ	Mil Sathigur Sabh Dhukh Gaeiaa Har Sukh Vasiaa Man Aae ||	Meeting the True Guru, all my sufferings have ended, and the Peace of the Lord has come to dwell within my mind.	ਸਤਿਗੁਰੂ ਨੂੰ ਮਿਲ ਕੇ (ਮਨੁੱਖ ਦਾ) ਸਾਰਾ ਦੁੱਖ ਦੂਰ ਹੋ ਜਾਂਦਾ ਹੈ ਅਤੇ ਪਰਮਾਤਮਾ ਦੇ ਮਿਲਾਪ ਦਾ ਸੁਖ ਮਨ ਵਿੱਚ ਆ ਵਸਦਾ ਹੈ।

1863	46	ਅੰਤਰਿ ਜੋਤਿ ਪ੍ਰਗਾਸੀਆ ਏਕਸੁ ਸਿਉ ਲਿਵ ਲਾਇ॥		Anthar Joth Pragaaseeaa Eaekas Sio Liv Laae ||	The Divine Light illuminates my inner being, and I am lovingly absorbed in the One.	ਪਰਮਾਤਮਾ (ਦੇ ਚਰਨਾਂ) ਵਿਚ ਸੁਰਤ ਜੋੜ ਕੇ ਮਨੁੱਖ ਦੇ ਮਨ ਵਿਚ ਪਰਮਾਤਮਾ ਦੀ ਜੋਤਿ ਦਾ ਚਾਨਣ ਹੋ ਜਾਂਦਾ ਹੈ।
1864	46	ਮਿਲਿ ਸਾਧੂ ਮੁਖੁ ਊਜਲਾ ਪੂਰਬਿ ਲਿਖਿਆ ਪਾਇ॥		Mil Saadhhoo Mukh Oojalaa Poorab Likhiaa Paae ||	Meeting with the Holy Saint, my face is radiant; I have realized my pre-ordained destiny.	ਗੁਰੂ ਨੂੰ ਮਿਲ ਕੇ ਮਨੁੱਖ ਦਾ ਮੂੰਹ ਰੌਸ਼ਨ ਹੋ ਜਾਂਦਾ ਹੈ। (ਚਿਹਰੇ ਉੱਤੇ ਅੰਦਰਲੇ ਆਤਮਕ ਜੀਵਨ ਦੀ ਲਾਲੀ ਆ ਜਾਂਦੀ ਹੈ) ਪਹਿਲੇ ਜਨਮ ਵਿਚ ਕੀਤੀ ਨੇਕ ਕਮਾਈ ਦਾ ਲਿਖਿਆ ਹੋਇਆ ਲੇਖ ਉੱਘੜ ਪੈਂਦਾ ਹੈ।
1865	46	ਗੁਣ ਗੋਵਿੰਦ ਨਿਤ ਗਾਵਣੇ ਨਿਰਮਲ ਸਾਚੈ ਨਾਇ॥੧॥		Gun Govindh Nith Gaavanae Niramal Saachai Naae ||1||	I constantly sing the Glories of the Lord of the Universe. Through the True Name, I have become spotlessly pure. ||1||	ਸਦਾ-ਥਿਰ ਪ੍ਰਭੂ ਦੇ ਪਵਿਤ੍ਰ ਨਾਮ ਵਿਚ (ਜੁੜ ਕੇ) ਮਨੁੱਖ ਸਦਾ ਗੋਬਿੰਦ ਦੇ ਗੁਣ ਗਾਵਣ ਦਾ ਆਹਰ ਰੱਖਦਾ ਹੈ ॥੧॥
1866	46	ਮੇਰੇ ਮਨ ਗੁਰ ਸਬਦੀ ਸੁਖੁ ਹੋਇ॥		Maerae Man Gur Sabadhee Sukh Hoe ||	O my mind, you shall find peace through the Word of the Guru's Shabad.	ਹੇ ਮੇਰੇ ਮਨ! ਗੁਰੂ ਦੇ ਸ਼ਬਦ ਵਿਚ ਜੁੜਿਆਂ ਆਤਮਕ ਆਨੰਦ ਮਿਲਦਾ ਹੈ।

1867	46	ਗੁਰ ਪੂਰੇ ਕੀ ਚਾਕਰੀ ਬਿਰਥਾ ਜਾਇ ਨ ਕੋਇ॥੧॥ਰਹਾਉ॥		Gur Poorae Kee Chaakaree Birathhaa Jaae N Koe ||1|| Rehaao ||	Working for the Perfect Guru, no one goes away empty-handed. ||1||Pause||	ਜੇਹੜਾ ਭੀ ਕੋਈ ਮਨੁੱਖ ਪੂਰੇ ਗੁਰੂ ਦੀ ਸੇਵਾ ਕਰਦਾ ਹੈ (ਭਾਵ, ਪੂਰੇ ਗੁਰੂ ਦੇ ਸ਼ਬਦ ਅਨੁਸਾਰ ਤੁਰਦਾ ਹੈ) ਉਹ (ਗੁਰੂ ਦੇ ਦਰ ਤੋਂ) ਖ਼ਾਲੀ ਨਹੀਂ ਜਾਂਦਾ ॥੧॥ ਰਹਾਉ ॥
1868	46	ਮਨ ਕੀਆ ਇਛਾਂ ਪੂਰੀਆ ਪਾਇਆ ਨਾਮੁ ਨਿਧਾਨੁ॥		Man Keeaa Eishhaan Pooreeaa Paaeiaa Naam Nidhhaan ||	The desires of the mind are fulfilled, when the Treasure of the Naam, the Name of the Lord, is obtained.	(ਗੁਰੂ ਦੇ ਸ਼ਬਦ ਵਿਚ ਜੁੜ ਕੇ ਜੇਹੜਾ ਮਨੁੱਖ) ਪਰਮਾਤਮਾ ਦਾ ਨਾਮ-ਖ਼ਜ਼ਾਨਾ ਲੱਭ ਲੈਂਦਾ ਹੈ, ਉਸ ਦੇ ਮਨ ਦੀਆਂ ਸਾਰੀਆਂ ਖ਼ਾਹਸ਼ਾਂ ਪੂਰੀਆਂ ਹੋ ਜਾਂਦੀਆਂ ਹਨ (ਭਾਵ, ਉਸ ਦਾ ਮਨ ਦੁਨੀਆਵੀ ਵਾਸਨਾਂ ਪਿੱਛੇ ਦੌੜਨੋਂ ਹੱਟ ਜਾਂਦਾ ਹੈ)।
1869	46	ਅੰਤਰਜਾਮੀ ਸਦਾ ਸੰਗਿ ਕਰਣੈਹਾਰੁ ਪਛਾਨੁ॥		Antharajaamee Sadhaa Sang Karanaihaar Pashhaan ||	The Inner-knower, the Searcher of hearts, is always with you; recognize Him as the Creator.	ਹਰੇਕ ਦੇ ਦਿਲ ਦੀ ਜਾਣਨ ਵਾਲਾ ਪਰਮਾਤਮਾ ਉਸ ਮਨੁੱਖ ਨੂੰ ਸਦਾ ਆਪਣੇ ਅੰਗ-ਸੰਗ ਦਿੱਸਦਾ ਹੈ, ਸਿਰਜਣਹਾਰ ਪ੍ਰਭੂ ਉਸ ਨੂੰ ਆਪਣਾ ਮਿੱਤਰ ਜਾਪਦਾ ਹੈ।
1870	46	ਗੁਰ ਪਰਸਾਦੀ ਮੁਖੁ ਊਜਲਾ ਜਪਿ ਨਾਮੁ ਦਾਨੁ ਇਸਨਾਨੁ॥		Gur Parasaadhee Mukh Oojalaa Jap Naam Dhaan Eisanaan ||	By Guru's Grace your face shall be radiant. Chanting the Naam you shall receive the benefits of giving charity and taking cleansing baths.	ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ ਜਪ ਕੇ (ਦੂਜਿਆਂ ਦੀ) ਸੇਵਾ (ਕਰ ਕੇ) ਪਵਿਤ੍ਰ ਆਚਰਨ (ਬਣਾ ਕੇ) ਉਸ ਦਾ ਮੂੰਹ ਚਮਕ ਉੱਠਦਾ ਹੈ।

1871	46	ਕਾਮੁ ਕ੍ਰੋਧੁ ਲੋਭੁ ਬਿਨਸਿਆ ਤਜਿਆ ਸਭੁ ਅਭਿਮਾਨੁ॥੨॥	(ਤਜਿਆ) ਛੱਡਿਆ	Kaam Krodhh Lobh Binasiaa Thajiaa Sabh Abhimaan ||2||	Sexual desire, anger and greed are eliminated, and all egotistical pride is abandoned. ||2||	ਉਸ ਮਨੁੱਖ ਦੇ ਅੰਦਰੋਂ ਕਾਮ ਕ੍ਰੋਧ ਲੋਭ ਨਾਸ ਹੋ ਜਾਂਦਾ ਹੈ। ਉਹ ਮਨੁੱਖ ਅਹੰਕਾਰ ਉੱਕਾ ਛੱਡ ਦੇਂਦਾ ਹੈ ॥੨॥
1872	46	ਪਾਇਆ ਲਾਹਾ ਲਾਭੁ ਨਾਮੁ ਪੂਰਨ ਹੋਏ ਕਾਮ॥		Paaeiaa Laahaa Laabh Naam Pooran Hoeae Kaam ||	The Profit of the Naam is obtained, and all affairs are brought to fruition.	ਉਸ ਨੇ (ਜਦੋਂ) ਪਰਮਾਤਮਾ ਦਾ ਨਾਮ (ਜੀਵਨ ਦੇ ਵਣਜ ਵਿਚ) ਲਾਭ (ਵਜੋਂ) ਹਾਸਲ ਕਰ ਲਿਆ, ਤਾਂ ਉਸ ਦੇ ਸਾਰੇ ਕੰਮ ਸਫਲੇ ਹੋ ਗਏ (ਤ੍ਰਿਸ਼ਨਾ-ਅਧੀਨ ਹੋ ਰਹੀ ਦੌੜ-ਭੱਜ ਖ਼ਤਮ ਹੋ ਗਈ)।
1873	46	ਕਰਿ ਕਿਰਪਾ ਪ੍ਰਭਿ ਮੇਲਿਆ ਦੀਆ ਅਪਣਾ ਨਾਮੁ॥		Kar Kirapaa Prabh Maeliaa Dheeaa Apanaa Naam ||	In His Mercy, God unites us with Himself, and He blesses us with the Naam.	(ਉਸ ਮਨੁੱਖ ਨੂੰ) ਪ੍ਰਭੂ ਨੇ ਕਿਰਪਾ ਕਰ ਕੇ ਜਿਸ ਮਨੁੱਖ ਨੂੰ (ਆਪਣੇ ਚਰਨਾਂ ਵਿਚ) ਜੋੜ ਲਿਆ ਤੇ ਆਪਣਾ ਨਾਮ ਬਖ਼ਸ਼ਿਆ।
1874	46	ਆਵਣ ਜਾਣਾ ਰਹਿ ਗਇਆ ਆਪਿ ਹੋਆ ਮਿਹਰਵਾਨੁ॥	ਗ–ਇਆ	Aavan Jaanaa Rehi Gaeiaa Aap Hoaa Miharavaan ||	My comings and goings in reincarnation have come to an end; He Himself has bestowed His Mercy.	ਜਿਸ ਮਨੁੱਖ ਉਤੇ ਪਰਮਾਤਮਾ ਆਪ ਮਿਹਰ ਕਰਦਾ ਹੈ, ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।

1875	46	ਸਚੁ ਮਹਲੁ ਘਰੁ ਪਾਇਆ ਗੁਰ ਕਾ ਸਬਦੁ ਪਛਾਨੁ॥੩॥		Sach Mehal Ghar Paaeiaa Gur Kaa Sabadh Pashhaan ||3||	I have obtained my home in the True Mansion of His Presence, realizing the Word of the Guru's Shabad. ||3||	ਗੁਰੂ ਦਾ ਸ਼ਬਦ ਉਸ ਮਨੁੱਖ ਦਾ (ਜੀਵਨ-) ਸਾਥੀ ਬਣ ਜਾਂਦਾ ਹੈ, ਸਦਾ-ਥਿਰ ਪ੍ਰਭੂ ਦੇ ਚਰਨ ਉਸ ਨੂੰ ਐਸਾ ਟਿਕਾਣਾ ਮਿਲ ਜਾਂਦਾ ਹੈ, ਜਿਸ ਨੂੰ ਉਹ ਆਪਣਾ (ਆਤਮਕ) ਘਰ ਬਣਾ ਲੈਂਦਾ ਹੈ ॥੩॥
1876	46	ਭਗਤ ਜਨਾ ਕਉ ਰਾਖਦਾ ਆਪਣੀ ਕਿਰਪਾ ਧਾਰਿ॥		Bhagath Janaa Ko Raakhadhaa Aapanee Kirapaa Dhhaar ||	His humble devotees are protected and saved; He Himself showers His Blessings upon us.	ਆਪਣੀ ਕਿਰਪਾ ਕਰ ਕੇ ਪਰਮਾਤਮਾ ਆਪਣੇ ਭਗਤਾਂ ਨੂੰ (ਕਾਮ ਕ੍ਰੋਧ ਲੋਭ ਆਦਿ ਵਿਕਾਰਾਂ ਤੋਂ) ਬਚਾ ਕੇ ਰੱਖਦਾ ਹੈ।
1877	46	ਹਲਤਿ ਪਲਤਿ ਮੁਖ ਉਜਲੇ ਸਾਚੇ ਕੇ ਗੁਣ ਸਾਰਿ॥	(ਹਲਤਿ) ਇਸ ਲੋਕ। (ਪਲਤਿ) ਪ੍ਰਲੋਕ	Halath Palath Mukh Oojalae Saachae Kae Gun Saar ||	In this world and in the world hereafter, radiant are the faces of those who cherish and enshrine the Glories of the True Lord.	ਸਦਾ-ਥਿਰ ਪ੍ਰਭੂ ਦੇ ਗੁਣ (ਹਿਰਦੇ ਵਿਚ) ਸੰਭਾਲ ਕੇ ਉਹਨਾਂ (ਭਗਤਾਂ) ਦੇ ਮੂੰਹ ਇਸ ਲੋਕ ਵਿਚ ਤੇ ਪਰਲੋਕ ਵਿਚ ਰੌਸ਼ਨ ਹੋ ਜਾਂਦੇ ਹਨ।
1878	46	ਆਠ ਪਹਰ ਗੁਣ ਸਾਰਦੇ ਰਤੇ ਰੰਗਿ ਅਪਾਰ॥	(ਸਾਰਦੇ) ਸੰਭਾਲਦੇ	Aath Pehar Gun Saaradhae Rathae Rang Apaar ||	Twenty-four hours a day, they lovingly dwell upon His Glories; they are imbued with His Infinite Love.	ਉਹ (ਭਗਤ) ਬੇਅੰਤ ਪ੍ਰਭੂ ਦੇ (ਪਿਆਰ-) ਰੰਗ ਵਿਚ ਰੰਗੇ ਰਹਿੰਦੇ ਹਨ, ਤੇ ਅੱਠੇ ਪਹਰ ਉਸ ਦੇ ਗੁਣ (ਆਪਣੇ ਹਿਰਦੇ ਵਿਚ) ਸੰਭਾਲਦੇ ਹਨ।

1879	46	ਪਾਰਬ੍ਰਹਮੁ ਸੁਖਸਾਗਰੋ ਨਾਨਕ ਸਦ ਬਲਿਹਾਰ॥੪॥੧੧॥੮੧॥		Paarabreham Sukh Saagaro Naanak Sadh Balihaar ||4||11||81||	Nanak is forever a sacrifice to the Supreme Lord God, the Ocean of Peace. ||4||11||81||	ਹੇ ਨਾਨਕ! ਪਾਰਬ੍ਰਹਮ ਪਰਮਾਤਮਾ ਉਹਨਾਂ ਨੂੰ ਸਾਰੇ ਸੁਖਾਂ ਦਾ ਸਮੁੰਦਰ ਦਿੱਸਦਾ ਹੈ, ਤੇ ਉਹ ਉਸ ਤੋਂ ਸਦਾ ਸਦਕੇ ਹੁੰਦੇ ਰਹਿੰਦੇ ਹਨ ॥੪॥੧੧॥੮੧॥
1880	46	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
1881	46	ਪੂਰਾ ਸਤਿਗੁਰੁ ਜੇ ਮਿਲੈ ਪਾਈਐ ਸਬਦੁ ਨਿਧਾਨੁ॥		Pooraa Sathigur Jae Milai Paaeeai Sabadh Nidhhaan ||	If we meet the Perfect True Guru, we obtain the Treasure of the Shabad.	(ਹੇ ਮਨ!) ਜੇ ਪੂਰਾ ਗੁਰੂ ਮਿਲ ਪਏ, ਤਾਂ (ਉਸ ਪਾਸੋਂ) ਪਰਮਾਤਮਾ ਦੀ ਸਿਫ਼ਤ-ਸਾਲਾਹ (ਦਾ) ਖ਼ਜ਼ਾਨਾ ਮਿਲ ਜਾਂਦਾ ਹੈ।
1882	46	ਕਰਿ ਕਿਰਪਾ ਪ੍ਰਭੁ ਆਪਣੀ ਜਪੀਐ ਅੰਮ੍ਰਿਤ ਨਾਮੁ॥		Kar Kirapaa Prabh Aapanee Japeeai Anmrith Naam ||	Please grant Your Grace, God, that we may meditate on Your Ambrosial Naam.	ਹੇ ਪ੍ਰਭੂ! ਆਪਣੀ ਮਿਹਰ ਕਰ (ਗੁਰੂ ਮਿਲਾ, ਤਾ ਕਿ) ਆਤਮਕ ਜੀਵਨ ਦੇਣ ਵਾਲਾ (ਤੇਰਾ) ਨਾਮ (ਅਸੀ) ਜਪ ਸਕੀਏ,
1883	46	ਜਨਮ ਮਰਣ ਦੁਖੁ ਕਾਟੀਐ ਲਾਗੈ ਸਹਜਿ ਧਿਆਨੁ॥੧॥		Janam Maran Dhukh Kaatteeai Laagai Sehaj Dhhiaan ||1||	The pains of birth and death are taken away; we are intuitively centered on His Meditation. ||1||	ਜਨਮ-ਮਰਨ ਦੇ ਗੇੜ ਵਿਚ ਪੈਣ ਦਾ ਅਸੀਂ ਆਪਣਾ ਦੁੱਖ ਦੂਰ ਕਰ ਸਕੀਏ, ਤੇ ਸਾਡੀ ਸੁਰਤ ਆਤਮਕ ਅਡੋਲਤਾ ਵਿਚ ਟਿਕ ਜਾਏ ॥੧॥

1884	46	ਮੇਰੇ ਮਨ ਪ੍ਰਭ ਸਰਣਾਈ ਪਾਇ॥		Maerae Man Prabh Saranaaee Paae ||	O my mind, seek the Sanctuary of God.	ਹੇ ਮੇਰੇ ਮਨ! ਪ੍ਰਭੂ ਦੀ ਸਰਨ ਪਉ।
1885	46	ਹਰਿ ਬਿਨੁ ਦੂਜਾ ਕੋ ਨਹੀ ਏਕੋ ਨਾਮੁ ਧਿਆਇ॥੧॥ਰਹਾਉ ॥		Har Bin Dhoojaa Ko Nehee Eaeko Naam Dhhiaae ||1|| Rehaao ||	Without the Lord, there is no other at all. Meditate on the One and only Naam, the Name of the Lord. ||1||Pause||	ਪ੍ਰਭੂ ਤੋਂ ਬਿਨਾ ਕੋਈ ਹੋਰ (ਰਾਖਾ) ਨਹੀਂ ਹੈ। (ਹੇ ਮਨ!) ਪ੍ਰਭੂ ਦਾ ਨਾਮ ਸਿਮਰ ॥੧॥ ਰਹਾਉ ॥
1886	46	ਕੀਮਤਿ ਕਹਣੁ ਨ ਜਾਈਐ ਸਾਗਰੁ ਗੁਣੀ ਅਥਾਹੁ॥	(ਅਥਾਹੁ) ਬਹੁਤ ਡੂੰਘਾ	Keemath Kehan N Jaaeeai Saagar Gunee Athhaahu ||	His Value cannot be estimated; He is the Vast Ocean of Excellence.	ਪਰਮਾਤਮਾ (ਸਾਰੇ) ਗੁਣਾਂ ਦਾ ਸਮੁੰਦਰ ਹੈ, (ਐਸਾ ਸਮੁੰਦਰ ਹੈ ਜਿਸ ਦੀ) ਡੂੰਘਾਈ ਲੱਭ ਨਹੀਂ ਸਕਦੀ। ਉਸ ਦਾ ਮੁੱਲ ਹੀ ਦੱਸਿਆ ਨਹੀਂ ਜਾ ਸਕਦਾ (ਭਾਵ, ਕੀਮਤੀ ਤੋਂ ਕੀਮਤੀ ਭੀ ਕੋਈ ਐਸੀ ਸ਼ੈ ਨਹੀਂ ਜਿਸ ਦੇ ਵੱਟੇ ਪਰਮਾਤਮਾ ਮਿਲ ਸਕੇ)।
1887	46	ਵਡਭਾਗੀ ਮਿਲੁ ਸੰਗਤੀ ਸਚਾ ਸਬਦੁ ਵਿਸਾਹੁ॥	(ਵਿਸਾਹੁ) ਖ੍ਰੀਦਦੇ। ਸੰਗਤੀਂ	Vaddabhaagee Mil Sangathee Sachaa Sabadh Visaahu ||	O most fortunate ones, join the Sangat, the Blessed Congregation; purchase the True Word of the Shabad.	ਹੇ (ਮੇਰੇ) ਭਾਗਾਂ ਵਾਲੇ (ਮਨ!) ਸਾਧ ਸੰਗਤਿ ਵਿਚ ਮਿਲ ਬੈਠ, (ਤੇ ਉਥੋਂ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ (ਦਾ ਸੌਦਾ) ਖ਼ਰੀਦ।

1888	46	ਕਰਿ ਸੇਵਾ ਸੁਖਸਾਗਰੈ ਸਿਰਿ ਸਾਹਾ ਪਾਤਿਸਾਹੁ॥੨॥		Kar Saevaa Sukh Saagarai Sir Saahaa Paathisaahu ||2||	Serve the Lord, the Ocean of Peace, the Supreme Lord over kings and emperors. ||2||	(ਸਾਧ ਸੰਗਤਿ ਵਿਚੋਂ ਜਾਚ ਸਿੱਖ ਕੇ) ਸੁੱਖਾਂ ਦੇ ਸਮੁੰਦਰ ਪ੍ਰਭੂ ਦੀ ਸੇਵਾ-ਭਗਤੀ ਕਰ, ਉਹ ਪ੍ਰਭੂ (ਦੁਨੀਆ ਦੇ) ਸ਼ਾਹਾਂ ਦੇ ਸਿਰ ਉੱਤੇ ਪਾਤਿਸ਼ਾਹ ਹੈ ॥੨॥
1889	46	ਚਰਣਕਮਲ ਕਾ ਆਸਰਾ ਦੂਜਾ ਨਾਹੀ ਠਾਉ॥		Charan Kamal Kaa Aasaraa Dhoojaa Naahee Thaao ||	I take the Support of the Lord's Lotus Feet; there is no other place of rest for me.	(ਹੇ ਪਾਰਬ੍ਰਹਮ! ਮੈਨੂੰ ਤੇਰੇ ਹੀ) ਸੋਹਣੇ ਚਰਨਾਂ ਦਾ ਆਸਰਾ ਹੈ, (ਤੈਥੋਂ ਬਿਨਾ) ਮੇਰਾ ਕੋਈ ਹੋਰ ਥਾਂ ਨਹੀਂ ਹੈ।
1890	46	ਮੈ ਧਰ ਤੇਰੀ ਪਾਰਬ੍ਰਹਮ ਤੇਰੈ ਤਾਣਿ ਰਹਾਉ॥	(ਧਰ) ਆਸਰਾ। (ਤਾਣਿ) ਬਲ ਨਾਲ। (ਰਹਾਉ) ਰਹਿੰਦਾ ਹਾਂ	Mai Dhhar Thaeree Paarabreham Thaerai Thaan Rehaao ||	I lean upon You as my Support, O Supreme Lord God. I exist only by Your Power.	ਮੈਨੂੰ ਤੇਰੀ ਹੀ ਓਟ ਹੈ, ਮੈਂ ਤੇਰੇ (ਦਿੱਤੇ) ਬਲ ਨਾਲ ਹੀ ਜੀਊਂਦਾ ਹਾਂ।
1891	46	ਨਿਮਾਣਿਆ ਪ੍ਰਭੁ ਮਾਣੁ ਤੂੰ ਤੇਰੈ ਸੰਗਿ ਸਮਾਉ॥੩॥		Nimaaniaa Prabh Maan Thoon Thaerai Sang Samaao ||3||	O God, You are the Honor of the dishonored. I seek to merge with You. ||3||	ਹੇ ਪ੍ਰਭੂ! ਜਿਨ੍ਹਾਂ ਨੂੰ ਜਗਤ ਵਿਚ ਕੋਈ ਆਦਰ-ਮਾਨ ਨਹੀਂ ਦੇਂਦਾ, ਤੂੰ ਉਹਨਾਂ ਦਾ ਭੀ ਮਾਣ (ਦਾ ਵਸੀਲਾ) ਹੈਂ। (ਮਿਹਰ ਕਰ) ਮੈਂ ਤੇਰੇ ਚਰਨਾਂ ਵਿਚ ਲੀਨ ਰਹਾਂ ॥੩॥
1892	46	ਹਰਿ ਜਪੀਐ ਆਰਾਧੀਐ ਆਠ ਪਹਰ ਗੋਵਿੰਦੁ॥	(ਆਰਾਧੀਐ) ਧਿਆਈਏ	Har Japeeai Aaraadhheeai Aath Pehar Govindh ||	Chant the Lord's Name and contemplate the Lord of the World, twenty-four hours a day.	(ਹੇ ਮੇਰੇ ਮਨ!) ਅੱਠੇ ਪਹਰ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ ਅਤੇ ਗੋਬਿੰਦ ਨੂੰ ਆਰਾਧਣਾ ਚਾਹੀਦਾ ਹੈ।

1893	46	ਜੀਅ ਪ੍ਰਾਣ ਤਨੁ ਧਨੁ ਰਖੇ ਕਰਿ ਕਿਰਪਾ ਰਾਖੀ ਜਿੰਦੁ॥		Jeea Praan Than Dhhan Rakhae Kar Kirapaa Raakhee Jindh ||	He preserves our soul, our breath of life, body and wealth. By His Grace, He protects our soul.	ਪਰਮਾਤਮਾ (ਸਰਨ ਆਏ) ਜੀਵਾਂ ਦੇ ਪ੍ਰਾਣਾਂ ਨੂੰ (ਵਿਕਾਰਾਂ ਤੋਂ) ਬਚਾਂਦਾ ਹੈ, ਗਿਆਨ-ਇੰਦ੍ਰਿਆਂ ਨੂੰ (ਵਿਕਾਰਾਂ ਤੋਂ) ਬਚਾਂਦਾ ਹੈ, ਉਹਨਾਂ ਦੇ ਨਾਮ-ਧਨ ਦੀ ਰਾਖੀ ਕਰਦਾ ਹੈ। (ਸਰਨ ਆਏ ਜੀਵ ਦੀ) ਜਿੰਦ ਨੂੰ ਮਿਹਰ ਕਰ ਕੇ (ਵਿਕਾਰਾਂ ਤੋਂ) ਬਚਾਂਦਾ ਹੈ।
1894	46	ਨਾਨਕ ਸਗਲੇ ਦੋਖ ਉਤਾਰਿਅਨੁ ਪ੍ਰਭੁ ਪਾਰਬ੍ਰਹਮ ਬਖਸਿੰਦੁ॥੪॥੧੨॥੮੨॥	ਬਖ-ਸਿੰਦੁ	Naanak Sagalae Dhokh Outhaarian Prabh Paarabreham Bakhasindh ||4||12||82||	O Nanak, all pain has been washed away, by the Supreme Lord God, the Forgiver. ||4||12||82||	ਹੇ ਨਾਨਕ! ਪ੍ਰਭੂ ਪਾਰਬ੍ਰਹਮ ਬਖ਼ਸ਼ਣਹਾਰ ਹੈ, ਉਹ (ਸਰਨ ਆਇਆਂ ਦੇ) ਸਾਰੇ ਪਾਪ ਦੂਰ ਕਰ ਦੇਂਦਾ ਹੈ ॥੪॥੧੨॥੮੨॥
1895	46	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
1896	46	ਪ੍ਰੀਤਿ ਲਗੀ ਤਿਸੁ ਸਚ ਸਿਉ ਮਰੈ ਨ ਆਵੈ ਜਾਇ॥	ਲੱਗੀ	Preeth Lagee This Sach Sio Marai N Aavai Jaae ||	I have fallen in love with the True Lord. He does not die, He does not come and go.	ਹੇ ਮਾਂ! ਮੇਰੀ ਪ੍ਰੀਤਿ (ਹੁਣ) ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨਾਲ ਲੱਗ ਗਈ ਹੈ, ਜੋ ਕਦੇ ਮਰਦਾ ਨਹੀਂ, ਜੋ ਨਾਹ ਜੰਮਦਾ ਹੈ ਨਾਹ ਮਰਦਾ ਹੈ।

1897	46	ਨਾ ਵੇਛੋੜਿਆ ਵਿਛੁੜੈ ਸਭ ਮਹਿ ਰਹਿਆ ਸਮਾਇ॥		Naa Vaeshhorriaa Vishhurrai Sabh Mehi Rehiaa Samaae ||	In separation, He is not separated from us; He is pervading and permeating amongst all.	ਉਹ ਵਿਛੋੜਿਆਂ ਵਿਛੁੜਦਾ ਭੀ ਨਹੀਂ। (ਹੇ ਮਾਂ!) ਉਹ ਪਰਮਾਤਮਾ ਸਭ ਜੀਵਾਂ ਵਿਚ ਸਮਾ ਰਿਹਾ ਹੈ।
1898	46	ਦੀਨ ਦਰਦ ਦੁਖ ਭੰਜਨਾ ਸੇਵਕ ਕੈ ਸਤ ਭਾਇ॥	(ਸੱਤ) ਸੱਚੇ। (ਭਾਇ) ਪ੍ਰੇਮ ਨਿਸਚੇ ਨਾਲ	Dheen Dharadh Dhukh Bhanjanaa Saevak Kai Sath Bhaae ||	He is the Destroyer of the pain and suffering of the meek. He bears True Love for His servants.	(ਹੇ ਮਾਂ!) ਗਰੀਬਾਂ ਦੇ ਦਰਦ ਦੁੱਖ ਨਾਸ ਕਰਨ ਵਾਲਾ ਉਹ ਪ੍ਰਭੂ ਸੇਵਕ ਨੂੰ ਉਸ ਦੀ ਭਲੀ ਭਾਵਨਾ ਨਾਲ ਮਿਲਦਾ ਹੈ।
1899	46	ਅਚਰਜ ਰੂਪੁ ਨਿਰੰਜਨੋ ਗੁਰਿ ਮੇਲਾਇਆ ਮਾਇ॥੧॥	ਅ-ਚਰਜ	Acharaj Roop Niranjano Gur Maelaaeiaa Maae ||1||	Wondrous is the Form of the Immaculate One. Through the Guru, I have met Him, O my mother! ||1||	ਉਸ ਪ੍ਰਭੂ ਦਾ ਸੁੰਦਰ ਰੂਪ ਹੈ, ਉਸ ਉੱਤੇ ਮਾਇਆ ਦਾ ਪ੍ਰਭਾਵ ਨਹੀਂ ਪੈਂਦਾ। ਹੇ ਮਾਂ! ਉਹ ਪਰਮਾਤਮਾ ਮੈਨੂੰ (ਮੇਰੇ) ਗੁਰੂ ਨੇ ਮਿਲਾ ਦਿੱਤਾ ਹੈ ॥੧॥
1900	46	ਭਾਈ ਰੇ ਮੀਤੁ ਕਰਹੁ ਪ੍ਰਭੁ ਸੋਇ॥		Bhaaee Rae Meeth Karahu Prabh Soe ||	O Siblings of Destiny, make God your Friend.	ਹੇ ਭਾਈ! (ਤੂੰ ਭੀ) ਉਸੇ ਪ੍ਰਭੂ ਨੂੰ ਆਪਣਾ ਮਿੱਤਰ ਬਣਾ।
1901	47	ਮਾਇਆ ਮੋਹ ਪਰੀਤਿ ਧ੍ਰਿਗੁ ਸੁਖੀ ਨ ਦੀਸੈ ਕੋਇ॥੧॥ਰਹਾਉ॥	(ਧ੍ਰਿਗੁ) ਫਿਟਕਾਰ ਯੋਗ	Maaeiaa Moh Pareeth Dhhrig Sukhee N Dheesai Koe ||1|| Rehaao ||	Cursed is emotional attachment and love of Maya; no one is seen to be at peace. ||1||Pause||	ਮਾਇਆ ਦਾ ਮੋਹ ਮਾਇਆ ਦੀ ਪ੍ਰੀਤਿ ਫਿਟਕਾਰ-ਜੋਗ ਹੈ (ਇਸ ਨੂੰ ਛੱਡ ਦੇ, ਮਾਇਆ ਦੇ ਮੋਹ ਵਿਚ ਫਸਿਆ ਹੋਇਆ) ਕੋਈ ਭੀ ਬੰਦਾ ਸੁਖੀ ਨਹੀਂ ਦਿਸਦਾ ॥੧॥ ਰਹਾਉ ॥

1902	47	ਦਾਨਾ ਦਾਤਾ ਸੀਲਵੰਤੁ ਨਿਰਮਲੁ ਰੂਪੁ ਅਪਾਰੁ॥	(ਸੀਲਵੰਤੁ) ਨਰਮ ਸੁਭਾਅ	Dhaanaa Dhaathaa Seelavanth Niramal Roop Apaar ||	God is Wise, Giving, Tender-hearted, Pure, Beautiful and Infinite.	(ਹੇ ਭਾਈ!) ਉਹ ਪਰਮਾਤਮਾ ਸਭ ਦੇ ਦਿਲਾਂ ਦੀ ਜਾਣਨ ਵਾਲਾ ਹੈ, ਸਭ ਨੂੰ ਦਾਤਾਂ ਦੇਣ ਵਾਲਾ ਹੈ, ਮਿੱਠੇ ਸੁਭਾਉ ਵਾਲਾ ਹੈ ਪਵਿਤ੍ਰ-ਸਰੂਪ ਹੈ, ਬੇਅੰਤ ਸੋਹਣੇ ਰੂਪ ਵਾਲਾ ਹੈ।
1903	47	ਸਖਾ ਸਹਾਈ ਅਤਿ ਵਡਾ ਊਚਾ ਵਡਾ ਅਪਾਰੁ॥		Sakhaa Sehaaee Ath Vaddaa Oochaa Vaddaa Apaar ||	He is our Companion and Helper, Supremely Great, Lofty and Utterly Infinite.	ਉਹੀ ਸਭ ਤੋਂ ਵੱਡਾ ਮਿੱਤਰ ਹੈ, ਤੇ ਸਹੈਤਾ ਕਰਨ ਵਾਲਾ ਹੈ, ਉੱਚਾ ਹੈ, ਵੱਡਾ ਹੈ, ਬੇਅੰਤ ਹੈ।
1904	47	ਬਾਲਕੁ ਬਿਰਧਿ ਨ ਜਾਣੀਐ ਨਿਹਚਲੁ ਤਿਸੁ ਦਰਵਾਰੁ॥	(ਨਿਹਚਲੁ) ਸਦਾ ਕਾਇਮ	Baalak Biradhh N Jaaneeai Nihachal This Dharavaar ||	He is not known as young or old; His Court is Steady and Stable.	ਨਾਹ ਉਹ ਕਦੇ ਬਾਲ ਉਮਰ ਵਾਲਾ ਹੁੰਦਾ ਹੈ, ਨਾਹ ਉਹ ਕਦੇ ਬੁੱਢਾ ਹੈ (ਭਾਵ, ਜੀਵਾਂ ਵਾਂਗ ਉਸ ਦੀ ਅਵਸਥਾ ਵਧਦੀ ਘਟਦੀ ਨਹੀਂ)। ਉਹ ਪ੍ਰਭੂ ਦਾ ਦਰਬਾਰ ਅਟੱਲ ਹੈ (ਉਸ ਦਾ ਹੁਕਮ ਮੋੜਿਆ ਨਹੀਂ ਜਾ ਸਕਦਾ)।
1905	47	ਜੋ ਮੰਗੀਐ ਸੋਈ ਪਾਈਐ ਨਿਧਾਰਾ ਆਧਾਰੁ॥੨॥	(ਨਿਧਾਰਾ) ਨਿਆਸਰਿਆਂ ਦੇ (ਆਧਾਰੁ) ਆਸਰੇ	Jo Mangeeai Soee Paaeeai Nidhhaaraa Aadhhaar ||2||	Whatever we seek from Him, we receive. He is the Support of the unsupported. ||2||	(ਉਸ ਪਰਮਾਤਮਾ ਦੇ ਦਰ ਤੋਂ) ਜੋ ਕੁਝ ਮੰਗੀਦਾ ਹੈ ਉਹੀ ਮਿਲ ਜਾਂਦਾ ਹੈ। ਪਰਮਾਤਮਾ ਨਿਆਸਰਿਆਂ ਦਾ ਆਸਰਾ ਹੈ ॥੨॥

1906	47	ਜਿਸੁ ਪੇਖਤ ਕਿਲਵਿਖ ਹਿਰਹਿ ਮਨਿ ਤਨਿ ਹੋਵੈ ਸਾਂਤਿ॥	(ਕਿਲਵਿਖ) ਪਾਪ। (ਹਿਰ-ਹਿ) ਨਾਸ ਹੋਣ	Jis Paekhath Kilavikh Hirehi Man Than Hovai Saanth ||	Seeing Him, our evil inclinations vanish; mind and body become peaceful and tranquil.	(ਹੇ ਭਾਈ!) ਜਿਸ ਪਰਮਾਤਮਾ ਦਾ ਦਰਸਨ ਕੀਤਿਆਂ (ਸਾਰੇ) ਪਾਪ ਨਾਸ ਹੋ ਜਾਂਦੇ ਹਨ, (ਜਿਸ ਦੇ ਦਰਸਨ ਨਾਲ) ਮਨ ਵਿਚ ਤੇ ਸਰੀਰ ਵਿਚ (ਆਤਮਕ) ਠੰਡ ਪੈ ਜਾਂਦੀ ਹੈ,
1907	47	ਇਕ ਮਨਿ ਏਕੁ ਧਿਆਈਐ ਮਨ ਕੀ ਲਾਹਿ ਭਰਾਂਤਿ॥	(ਭਰਾਂਤਿ) ਭ੍ਰਮਣ	Eik Man Eaek Dhhiaaeeai Man Kee Laahi Bharaanth ||	With one-pointed mind, meditate on the One Lord, and the doubts of your mind will be dispelled.	ਆਪਣੇ ਮਨ ਦੀ (ਮਾਇਆ ਵਲ ਦੀ) ਭਟਕਣਾ ਦੂਰ ਕਰ ਕੇ ਉਸ ਪਰਮਾਤਮਾ ਨੂੰ ਮਨ ਲਾ ਕੇ ਸਿਮਰਨਾ ਚਾਹੀਦਾ ਹੈ।
1908	47	ਗੁਣ ਨਿਧਾਨੁ ਨਵਤਨੁ ਸਦਾ ਪੂਰਨ ਜਾ ਕੀ ਦਾਤਿ॥	(ਨਵਤਨੁ)ਨਵਾਂ	Gun Nidhhaan Navathan Sadhaa Pooran Jaa Kee Dhaath ||	He is the Treasure of Excellence, the Ever-fresh Being. His Gift is Perfect and Complete.	(ਹੇ ਭਾਈ!) ਜਿਸ ਪਰਮਾਤਮਾ ਦੀ ਦਿੱਤੀ ਦਾਤ ਕਦੇ ਮੁੱਕਦੀ ਨਹੀਂ, ਜੋ (ਦਾਤਾਂ ਦੇਣ ਵਿਚ) ਸਦਾ ਨਵਾਂ (ਰਹਿੰਦਾ) ਹੈ (ਭਾਵ, ਜੋ ਦਾਤਾਂ ਦੇ ਦੇ ਕੇ ਕਦੇ ਅੱਕਦਾ ਨਹੀਂ) ਤੇ ਜੋ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ,
1909	47	ਸਦਾ ਸਦਾ ਆਰਾਧੀਐ ਦਿਨੁ ਵਿਸਰਹੁ ਨਹੀ ਰਾਤਿ॥੩॥		Sadhaa Sadhaa Aaraadhheeai Dhin Visarahu Nehee Raath ||3||	Forever and ever, worship and adore Him. Day and night, do not forget Him. ||3||	ਉਸ ਨੂੰ ਸਦਾ ਹੀ ਸਿਮਰਨਾ ਚਾਹੀਦਾ ਹੈ। ਨਾਹ ਦਿਨੇ ਨਾਹ ਰਾਤ ਨੂੰ ਕਦੇ ਭੀ ਉਸ ਨੂੰ ਨਾਹ ਭੁਲਾਓ ॥੩॥

1910	47	ਜਿਨ ਕਉ ਪੂਰਬਿ ਲਿਖਿਆ ਤਿਨ ਕਾ ਸਖਾ ਗੋਵਿੰਦੁ॥	(ਪੂਰਬਿ) ਪਹਿਲਾ ਨਿਸ਼ਕਾਮ ਕਰਮਾਂ ਦਾ ਲੇਖ ਲਿਖਿਆ। (ਸਖਾ) ਮਿੱਤਰ	Jin Ko Poorab Likhiaa Thin Kaa Sakhaa Govindh ||	One whose destiny is so pre-ordained, obtains the Lord of the Universe as his Companion.	(ਹੇ ਭਾਈ!) ਜਿਨ੍ਹਾਂ ਬੰਦਿਆਂ ਦੇ ਮੱਥੇ ਉਤੇ ਪਹਿਲੇ ਜਨਮਾਂ ਵਿਚ ਕੀਤੀ ਨੇਕ ਕਮਾਈ ਦਾ ਲੇਖ ਉੱਘੜਦਾ ਹੈ, ਪਰਮਾਤਮਾ ਉਹਨਾਂ ਦਾ ਮਿੱਤਰ ਬਣ ਜਾਂਦਾ ਹੈ।
1911	47	ਤਨੁ ਮਨੁ ਧਨੁ ਅਰਪੀ ਸਭੋ ਸਗਲ ਵਾਰੀਐ ਇਹ ਜਿੰਦੁ॥	ਸੱਭੋ	Than Man Dhhan Arapee Sabho Sagal Vaareeai Eih Jindh ||	I dedicate my body, mind, wealth and all to Him. I totally sacrifice my soul to Him.	ਮੈਂ ਤਾਂ ਆਪਣਾ ਸਰੀਰ, ਆਪਣਾ ਮਨ, ਆਪਣਾ ਧਨ (ਸਭ ਕੁਝ ਉਸ ਦਾ ਪਿਆਰ ਹਾਸਲ ਕਰਨ ਲਈ) ਅਰਪਨ ਕਰਨ ਨੂੰ ਤਿਆਰ ਹਾਂ। (ਹੇ ਭਾਈ! ਪ੍ਰਭੂ ਦਾ ਪ੍ਰੇਮ ਪ੍ਰਾਪਤ ਕਰਨ ਲਈ) ਇਹ ਸਾਰੀ ਜਿੰਦ ਕੁਰਬਾਨ ਕਰ ਦੇਣੀ ਚਾਹੀਦੀ ਹੈ।
1912	47	ਦੇਖੈ ਸੁਣੈ ਹਦੂਰਿ ਸਦ ਘਟਿ ਘਟਿ ਬ੍ਰਹਮੁ ਰਵਿੰਦੁ॥	(ਰਵਿੰਦੁ) ਰਵੇ ਹੋਏ	Dhaekhai Sunai Hadhoor Sadh Ghatt Ghatt Breham Ravindh ||	Seeing and hearing, He is always close at hand. In each and every heart, God is pervading.	ਉਹ ਪਰਮਾਤਮਾ ਅੰਗ-ਸੰਗ ਰਹਿ ਕੇ (ਹਰੇਕ ਜੀਵ ਦੇ ਕੀਤੇ ਕਰਮਾਂ ਨੂੰ) ਵੇਖਦਾ ਹੈ (ਹਰੇਕ ਜੀਵ ਦੀਆਂ ਅਰਦਾਸਾਂ) ਸੁਣਦਾ ਹੈ, ਪਰਮਾਤਮਾ ਹਰੇਕ ਸਰੀਰ ਵਿਚ ਵਿਆਪਕ ਹੈ।
1913	47	ਅਕਿਰਤਘਣਾ ਨੋ ਪਾਲਦਾ ਪ੍ਰਭ ਨਾਨਕ ਸਦ ਬਖਸਿੰਦੁ॥੪॥੧੩॥੮੩॥	ਅ-ਕਿਰਤਘਣਾ। ਬਖ-ਸਿੰਦੁ	Akirathaghanaa No Paaladhaa Prabh Naanak Sadh Bakhasindh ||4||13||83||	Even the ungrateful ones are cherished by God. O Nanak, He is forever the Forgiver. ||4||13||83||	ਹੇ ਨਾਨਕ! (ਅਰਦਾਸ ਕਰ ਤੇ ਆਖ-) ਹੇ ਪ੍ਰਭੂ! ਤੂੰ ਉਹਨਾਂ ਨੂੰ ਭੀ ਪਾਲਦਾ ਹੈਂ, ਜੋ ਤੇਰੇ ਕੀਤੇ ਉਪਕਾਰਾਂ ਨੂੰ ਭੁਲਾ ਦੇਂਦੇ ਹਨ, ਤੂੰ ਸਦਾ ਹੀ (ਜੀਵਾਂ ਦੀਆਂ ਭੁੱਲਾਂ) ਬਖ਼ਸ਼ਣ ਵਾਲਾ ਹੈਂ ॥੪॥੧੩॥੮੩॥{46-47}

1914	47	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
1915	47	ਮਨੁ ਤਨੁ ਧਨੁ ਜਿਨਿ ਪ੍ਰਭਿ ਦੀਆ ਰਖਿਆ ਸਹਜਿ ਸਵਾਰਿ॥		Man Than Dhhan Jin Prabh Dheeaa Rakhiaa Sehaj Savaar ||	This mind, body and wealth were given by God, who naturally adorns us.	ਜਿਸ ਪ੍ਰਭੂ ਨੇ ਇਹ ਮਨ ਦਿੱਤਾ ਹੈ, (ਵਰਤਣ ਲਈ) ਧਨ ਦਿੱਤਾ ਹੈ, ਜਿਸ ਪ੍ਰਭੂ ਨੇ ਮਨੁੱਖ ਦੇ ਸਰੀਰ ਨੂੰ ਸਵਾਰ ਬਣਾ ਕੇ ਰੱਖਿਆ ਹੈ,
1916	47	ਸਰਬ ਕਲਾ ਕਰਿ ਥਾਪਿਆ ਅੰਤਰਿ ਜੋਤਿ ਅਪਾਰ॥		Sarab Kalaa Kar Thhaapiaa Anthar Joth Apaar ||	He has blessed us with all our energy, and infused His Infinite Light deep within us.	ਜਿਸ ਨੇ (ਸਰੀਰ ਵਿਚ) ਸਾਰੀਆਂ (ਸਰੀਰਕ) ਤਾਕਤਾਂ ਪੈਦਾ ਕਰ ਕੇ ਸਰੀਰ ਰਚਿਆ ਹੈ, ਤੇ ਸਰੀਰ ਵਿਚ ਆਪਣੀ ਬੇਅੰਤ ਜੋਤਿ ਟਿਕਾ ਦਿੱਤੀ ਹੈ,
1917	47	ਸਦਾ ਸਦਾ ਪ੍ਰਭੁ ਸਿਮਰੀਐ ਅੰਤਰਿ ਰਖੁ ਉਰ ਧਾਰਿ॥੧॥		Sadhaa Sadhaa Prabh Simareeai Anthar Rakh Our Dhhaar ||1||	Forever and ever, meditate in remembrance on God; keep Him enshrined in your heart. ||1||	(ਹੇ ਭਾਈ!) ਉਸ ਪ੍ਰਭੂ ਨੂੰ ਸਦਾ ਹੀ ਸਿਮਰਦੇ ਰਹਿਣਾ ਚਾਹੀਦਾ ਹੈ। (ਹੇ ਭਾਈ!) ਆਪਣੇ ਹਿਰਦੇ ਵਿਚ ਉਸ ਦੀ ਯਾਦ ਟਿਕਾ ਰੱਖ ॥੧॥
1918	47	ਮੇਰੇ ਮਨ ਹਰਿ ਬਿਨੁ ਅਵਰੁ ਨ ਕੋਇ॥		Maerae Man Har Bin Avar N Koe ||	O my mind, without the Lord, there is no other at all.	ਹੇ ਮੇਰੇ ਮਨ! ਪਰਮਾਤਮਾ ਤੋਂ ਬਿਨਾ ਹੋਰ ਕੋਈ (ਅਸਲ ਰਾਖਾ) ਨਹੀਂ।

1919	47	ਪ੍ਰਭ ਸਰਣਾਈ ਸਦਾ ਰਹੁ ਦੂਖੁ ਨ ਵਿਆਪੈ ਕੋਇ॥੧॥ਰਹਾਉ॥		Prabh Saranaaee Sadhaa Rahu Dhookh N Viaapai Koe ||1|| Rehaao ||	Remain in God's Sanctuary forever, and no suffering shall afflict you. ||1||Pause||	ਤੂੰ ਸਦਾ ਪਰਮਾਤਮਾ ਦੀ ਸਰਨ ਪਿਆ ਰਹੁ। ਕੋਈ ਭੀ ਦੁੱਖ ਤੇਰੇ ਉੱਤੇ ਜ਼ੋਰ ਨਹੀਂ ਪਾ ਸਕੇਗਾ ॥੧॥ ਰਹਾਉ ॥
1920	47	ਰਤਨ ਪਦਾਰਥ ਮਾਣਕਾ ਸੁਇਨਾ ਰੁਪਾ ਖਾਕੁ॥		Rathan Padhaarathh Maanakaa Sueinaa Rupaa Khaak ||	Jewels, treasures, pearls, gold and silver- all these are just dust.	ਰਤਨ, ਮੋਤੀ ਆਦਿਕ ਕੀਮਤੀ ਪਦਾਰਥ, ਸੋਨਾ, ਚਾਂਦੀ (ਇਹ ਸਭ) ਮਿੱਟੀ ਸਮਾਨ ਹੀ ਹਨ (ਕਿਉਂਕਿ ਇਥੇ ਹੀ ਪਏ ਰਹਿ ਜਾਣਗੇ)।
1921	47	ਮਾਤ ਪਿਤਾ ਸੁਤ ਬੰਧਪਾ ਕੂੜੇ ਸਭੇ ਸਾਕ॥	(ਸੁਤ) ਪੁੱਤਰ। (ਬੰਧਪਾ) ਸੰਬੰਧੀ। ਸੱਭੇ	Maath Pithaa Suth Bandhhapaa Koorrae Sabhae Saak ||	Mother, father, children and relatives- all relations are false.	ਮਾਂ ਪਿਉ ਪੁੱਤਰ ਤੇ ਹੋਰ ਸੰਬੰਧੀ- ਇਹ ਸਾਰੇ ਸਾਕ ਭੀ ਸਾਥ ਛੱਡ ਜਾਣ ਵਾਲੇ ਹਨ।
1922	47	ਜਿਨਿ ਕੀਤਾ ਤਿਸਹਿ ਨ ਜਾਣਈ ਮਨਮੁਖ ਪਸੁ ਨਾਪਾਕ॥੨॥	(ਨਾਪਾਕ) ਅਪਵਿੱਤ੍ਰ। ਪਸੁ: ਪੋਲਾ ਬੋਲੋ	Jin Keethaa Thisehi N Jaanee Manamukh Pas Naapaak ||2||	The self-willed manmukh is an insulting beast; he does not acknowledge the One who created him. ||2||	(ਇਹ ਵੇਖ ਕੇ ਭੀ) ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ, ਗੰਦੇ ਜੀਵਨ ਵਾਲਾ ਪਸ਼ੂ-ਸੁਭਾਉ ਮਨੁੱਖ, ਉਸ ਪਰਮਾਤਮਾ ਨਾਲ ਸਾਂਝ ਨਹੀਂ ਪਾਂਦਾ ਜਿਸ ਨੇ ਇਸ ਨੂੰ ਪੈਦਾ ਕੀਤਾ ਹੈ ॥੨॥
1923	47	ਅੰਤਰਿ ਬਾਹਰਿ ਰਵਿ ਰਹਿਆ ਤਿਸਨੋ ਜਾਣੈ ਦੂਰਿ॥	(ਰਵਿ) ਵਿਆਪ ਰਹੇ। ਬਾ-ਹਰਿ	Anthar Baahar Rav Rehiaa This No Jaanai Dhoor ||	The Lord is pervading within and beyond, and yet people think that He is far away.	(ਮੂਰਖ ਮਨੁੱਖ) ਉਸ ਪਰਮਾਤਮਾ ਨੂੰ ਕਿਤੇ ਦੂਰ ਵੱਸਦਾ ਸਮਝਦਾ ਹੈ, ਜੋ ਇਸ ਦੇ ਅੰਦਰ ਤੇ ਬਾਹਰ ਹਰ ਥਾਂ ਮੌਜੂਦ ਹੈ।

1924	47	ਤ੍ਰਿਸਨਾ ਲਾਗੀ ਰਚਿ ਰਹਿਆ ਅੰਤਰਿ ਹਉਮੈ ਕੂਰਿ॥	(ਕੂਰਿ) ਕੂੜੀ	Thrisanaa Laagee Rach Rehiaa Anthar Houmai Koor ||	They are engrossed in clinging desires; within their hearts there is ego and falsehood.	ਜੀਵ ਨੂੰ ਮਾਇਆ ਦੀ ਤ੍ਰਿਸ਼ਨਾ ਚੰਬੜੀ ਹੋਈ ਹੈ, (ਮਾਇਆ ਦੇ ਮੋਹ ਵਿਚ) ਜੀਵ ਮਸਤ ਹੋ ਰਿਹਾ ਹੈ, (ਮਾਇਆ ਦੇ ਕਾਰਨ) ਇਸ ਦੇ ਅੰਦਰ ਝੂਠੀ ਹਉਮੈ ਟਿਕੀ ਹੋਈ ਹੈ।
1925	47	ਭਗਤੀ ਨਾਮ ਵਿਹੂਣਿਆ ਆਵਹਿ ਵੰਞਹਿ ਪੂਰ॥੩॥	(ਵਿਹੂਣਿਆ) ਖਾਲੀ। (ਵੰਞਹਿ) ਜਾਂਦੇ। (ਪੂਰ) ਅਨੇਕ ਜੀਵ	Bhagathee Naam Vihooniaa Aavehi Vannjehi Poor ||3||	Without devotion to the Naam, crowds of people come and go. ||3||	ਪਰਮਾਤਮਾ ਦੀ ਭਗਤੀ ਤੋਂ ਪਰਮਾਤਮਾ ਦੇ ਨਾਮ ਤੋਂ ਸੱਖਣੇ ਪੂਰਾਂ ਦੇ ਪੂਰ ਜੀਵ (ਇਸ ਸੰਸਾਰ-ਸਮੁੰਦਰ ਵਿਚ) ਆਉਂਦੇ ਹਨ ਤੇ (ਖ਼ਾਲੀ) ਚਲੇ ਜਾਂਦੇ ਹਨ ॥੩॥
1926	47	ਰਾਖਿ ਲੇਹੁ ਪ੍ਰਭੁ ਕਰਣਹਾਰ ਜੀਅ ਜੰਤ ਕਰਿ ਦਇਆ॥		Raakh Laehu Prabh Karanehaar Jeea Janth Kar Dhaeiaa ||	Please preserve Your beings and creatures, God; O Creator Lord, please be merciful!	(ਪਰ ਜੀਵਾਂ ਦੇ ਕੀਹ ਵੱਸ? ਮਾਇਆ ਦੇ ਟਾਕਰੇ ਤੇ ਇਹ ਬੇ-ਬਸ ਹਨ) ਹੇ ਜੀਵਾਂ ਨੂੰ ਪੈਦਾ ਕਰਨ ਵਾਲੇ ਪ੍ਰਭੂ! ਤੂੰ ਆਪ ਹੀ ਮਿਹਰ ਕਰ ਕੇ ਸਾਰੇ ਜੀਅ ਜੰਤਾਂ ਨੂੰ (ਇਸ ਤ੍ਰਿਸ਼ਨਾ ਤੋਂ) ਬਚਾ ਲੈ।
1927	47	ਬਿਨੁ ਪ੍ਰਭ ਕੋਇ ਨ ਰਖਨਹਾਰੁ ਮਹਾ ਬਿਕਟ ਜਮ ਭਇਆ॥	(ਬਿਕਟ) ਭਿਆਨਕ। ਭ-ਇਆ	Bin Prabh Koe N Rakhanehaar Mehaa Bikatt Jam Bhaeiaa ||	Without God, there is no saving grace. The Messenger of Death is cruel and unfeeling.	ਜਮਰਾਜ ਜੀਵਾਂ ਵਾਸਤੇ ਬੜਾ ਡਰਾਉਣਾ ਬਣ ਰਿਹਾ ਹੈ। ਹੇ ਪ੍ਰਭੂ! ਤੈਥੋਂ ਬਿਨਾ ਕੋਈ ਰੱਖਿਆ ਕਰਨ ਵਾਲਾ ਨਹੀਂ ਹੈ।

1928	47	ਨਾਨਕ ਨਾਮੁ ਨ ਵੀਸਰਉ ਕਰਿ ਅਪੁਨੀ ਹਰਿ ਮਇਆ॥੪॥੧੪॥੮੪॥	(ਮ-ਇਆ) ਦਇਆ	Naanak Naam N Veesaro Kar Apunee Har Maeiaa ||4||14||84||	O Nanak, may I never forget the Naam! Please bless me with Your Mercy, Lord! ||4||14||84||	ਹੇ ਨਾਨਕ! (ਅਰਦਾਸ ਕਰ ਤੇ ਆਖ-) ਹੇ ਹਰੀ! ਆਪਣੀ ਮਿਹਰ ਕਰ, ਮੈਂ ਤੇਰਾ ਨਾਮ ਕਦੇ ਨਾਹ ਭੁਲਾਵਾਂ ॥੪॥੧੪॥੮੪॥
1929	47	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
1930	47	ਮੇਰਾ ਤਨੁ ਅਰੁ ਧਨੁ ਮੇਰਾ ਰਾਜ ਰੂਪ ਮੈ ਦੇਸੁ॥	ਗੁਰਬਾਣੀ ਜੀ ਚ ਮੈ ਅਰਥ ਰੂਪ ਆਵੇ ਬਿੰਦੀ ਨਹੀਂ ਲਾਉਣੀ, ਜਿਵੇਂ ਕਰੁਣਾਮੈ। ਬਾਕੀ ਥਾਂ ਮੈਂ ਹੀ ਬੋਲਣਾ। ਇਹ ਤੁਕ ਵਿੱਚ ਮੈਂ ਹੈ	Maeraa Than Ar Dhhan Maeraa Raaj Roop Mai Dhaes ||	"My body and my wealth; my ruling power, my beautiful form and country-mine!"	(ਮਨੁੱਖ ਮਾਣ ਕਰਦਾ ਹੈ ਤੇ ਆਖਦਾ ਹੈ ਕਿ) ਇਹ ਸਰੀਰ ਮੇਰਾ ਹੈ, ਇਹ ਰਾਜ ਮੇਰਾ ਹੈ, ਇਹ ਦੇਸ ਮੇਰਾ ਹੈ, ਮੈਂ ਰੂਪ ਵਾਲਾ ਹਾਂ,
1931	47	ਸੁਤ ਦਾਰਾ ਬਨਿਤਾ ਅਨੇਕ ਬਹੁਤੁ ਰੰਗ ਅਰੁ ਵੇਸ॥	(ਦਾਰਾ) ਇਸਤ੍ਰੀ। (ਬਨਿ-ਤਾ) ਇਸਤ੍ਰੀ। (ਰੰਗ) ਅਨੰਦ। (ਵੇਸ) ਪਹਿਰਾਵੇ	Suth Dhaaraa Banithaa Anaek Bahuth Rang Ar Vaes ||	You may have children, a wife and many mistresses; you may enjoy all sorts of pleasures and fine clothes.	ਮੇਰੇ ਪੁੱਤਰ ਹਨ, ਮੇਰੀਆਂ ਇਸਤ੍ਰੀਆਂ ਹਨ, ਮੈਨੂੰ ਬੜੀਆਂ ਮੌਜਾਂ ਹਨ, ਅਤੇ ਮੇਰੇ ਪਾਸ ਕਈ ਪੁਸ਼ਾਕਾਂ ਹਨ।

1932	47	ਹਰਿ ਨਾਮੁ ਰਿਦੈ ਨ ਵਸਈ ਕਾਰਜਿ ਕਿਤੈ ਨ ਲੇਖਿ॥੧॥	ਵਸਈ: ਪੋਲਾ ਬੋਲੋ ਮਿਲਵਾਂ	Har Naam Ridhai N Vasee Kaaraj Kithai N Laekh ||1||	And yet, if the Name of the Lord does not abide within the heart, none of it has any use or value. ||1||	ਪਰ ਜੇ ਉਸ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਨਹੀਂ ਵੱਸਦਾ ਤਾਂ (ਇਹ ਸਭ ਪਦਾਰਥ ਜਿਨ੍ਹਾਂ ਦਾ ਮਨੁੱਖ ਮਾਣ ਕਰਦਾ ਹੈ) ਕਿਸੇ ਭੀ ਕੰਮ ਨਾਹ ਸਮਝ ॥੧॥
1933	47	ਮੇਰੇ ਮਨ ਹਰਿ ਹਰਿ ਨਾਮੁ ਧਿਆਇ॥		Maerae Man Har Har Naam Dhhiaae ||	O my mind, meditate on the Name of the Lord, Har, Har.	ਹੇ ਮੇਰੇ ਮਨ! ਸਦਾ ਪਰਮਾਤਮਾ ਦਾ ਨਾਮ ਸਿਮਰ।
1934	47	ਕਰਿ ਸੰਗਤਿ ਨਿਤ ਸਾਧ ਕੀ ਗੁਰ ਚਰਣੀ ਚਿਤੁ ਲਾਇ॥੧॥ਰਹਾਉ॥		Kar Sangath Nith Saadhh Kee Gur Charanee Chith Laae ||1|| Rehaao ||	Always keep the Company of the Holy, and focus your consciousness on the Feet of the Guru. ||1||Pause||	ਸਦਾ ਗੁਰੂ ਦੀ ਸੰਗਤਿ ਕਰ, ਤੇ ਗੁਰੂ ਦੇ ਚਰਨਾਂ ਵਿਚ ਚਿੱਤ ਜੋੜ ॥੧॥ ਰਹਾਉ ॥
1935	47	ਨਾਮੁ ਨਿਧਾਨੁ ਧਿਆਈਐ ਮਸਤਕਿ ਹੋਵੈ ਭਾਗੁ॥		Naam Nidhhaan Dhhiaaeeai Masathak Hovai Bhaag ||	Those who have such blessed destiny written on their foreheads meditate on the Treasure of the Naam.	ਪਰਮਾਤਮਾ ਦਾ ਨਾਮ (ਜੋ ਸਭ ਪਦਾਰਥਾਂ ਦਾ) ਖ਼ਜਾਨਾ (ਹੈ) ਸਿਮਰਨਾ ਚਾਹੀਦਾ ਹੈ (ਪਰ ਉਹੀ ਮਨੁੱਖ ਸਿਮਰ ਸਕਦਾ ਹੈ ਜਿਸ ਦੇ) ਮੱਥੇ ਉਤੇ ਚੰਗੀ ਕਿਸਮਤਿ ਉੱਘੜ ਪਏ।
1936	47	ਕਾਰਜ ਸਭਿ ਸਵਾਰੀਅਹਿ ਗੁਰ ਕੀ ਚਰਣੀ ਲਾਗੁ॥	ਸਵਾਰੀ-ਅਹਿ	Kaaraj Sabh Savaareeahi Gur Kee Charanee Laag ||	All their affairs are brought to fruition, holding onto the Guru's Feet.	(ਹੇ ਭਾਈ!) ਸਤਿਗੁਰੂ ਦੇ ਚਰਨਾਂ ਵਿਚ ਟਿਕਿਆ ਰਹੁ, ਤੇਰੇ ਸਾਰੇ ਕੰਮ (ਭੀ) ਸੰਵਰ ਜਾਣਗੇ।

1937	47	ਹਉਮੈ ਰੋਗੁ ਭ੍ਰਮੁ ਕਟੀਐ ਨਾ ਆਵੈ ਨਾ ਜਾਗੁ॥੨॥	(ਜਾਗੁ) ਜਾਂਦਾ	Houmai Rog Bhram Katteeai Naa Aavai Naa Jaag ||2||	The diseases of ego and doubt are cast out; they shall not come and go in reincarnation. ||2||	(ਜੇਹੜਾ ਮਨੁੱਖ ਗੁਰ-ਸਰਨ ਰਹਿ ਕੇ ਨਾਮ ਸਿਮਰਦਾ ਹੈ ਉਸ ਦਾ) ਹਉਮੈ ਦਾ ਰੋਗ ਕੱਟਿਆ ਜਾਂਦਾ ਹੈ, ਉਸ ਦੀ ਭਟਕਣਾ ਦੂਰ ਹੋ ਜਾਂਦੀ ਹੈ, ਉਹ ਨਾਹ (ਮੁੜ ਮੁੜ) ਜੰਮਦਾ ਹੈ ਨਾਹ ਮਰਦਾ ॥੨॥
1938	47	ਕਰਿ ਸੰਗਤਿ ਤੂ ਸਾਧ ਕੀ ਅਠਸਠਿ ਤੀਰਥ ਨਾਉ॥	ਨ੍ਹਾਉ	Kar Sangath Thoo Saadhh Kee Athasath Theerathh Naao ||	Let the Saadh Sangat, the Company of the Holy, be your cleansing baths at the sixty-eight sacred shrines of pilgrimage.	(ਹੇ ਭਾਈ!) ਗੁਰੂ ਦੀ ਸੰਗਤਿ ਕਰ-ਇਹੀ ਅਠਾਹਠ ਤੀਰਥਾਂ ਦਾ ਇਸ਼ਨਾਨ ਹੈ।
1939	47	ਜੀਉ ਪ੍ਰਾਣ ਮਨੁ ਤਨੁ ਹਰੇ ਸਾਚਾ ਏਹੁ ਸੁਆਉ॥	(ਹਰੇ) ਸਫਲੇ। (ਸੁਆਉ) ਮਨੋਰਥ	Jeeo Praan Man Than Harae Saachaa Eaehu Suaao ||	Your soul, breath of life, mind and body shall blossom forth in lush profusion; this is the true purpose of life.	(ਗੁਰੂ ਦੀ ਸਰਨ ਵਿਚ ਰਿਹਾਂ) ਜਿੰਦ ਪ੍ਰਾਣ ਮਨ ਸਰੀਰ ਸਭ ਆਤਮਕ ਜੀਵਨ ਵਾਲੇ ਹੋ ਜਾਂਦੇ ਹਨ, ਤੇ ਮਨੁੱਖਾ ਜਨਮ ਦਾ ਅਸਲ ਮਨੋਰਥ ਭੀ ਇਹੀ ਹੈ।
1940	48	ਐਥੈ ਮਿਲਹਿ ਵਡਾਈਆ ਦਰਗਹਿ ਪਾਵਹਿ ਥਾਉ॥੩॥	ਵਡਾਈਆ: ਡੱਡੇ ਸਿਹਾਰੀ ਨ ਲਾਉ, ਵਡਿਆਈਆ ਨ ਉਚਾਰੋ	Aithhai Milehi Vaddaaeeaa Dharagehi Paavehi Thhaao ||3||	In this world you shall be blessed with greatness, and in the Court of the Lord you shall find your place of rest. ||3||	ਇਸ ਜਗਤ ਵਿਚ (ਸਭ ਕਿਸਮ ਦੇ) ਆਦਰ-ਮਾਣ ਮਿਲਣਗੇ, ਪਰਮਾਤਮਾ ਦੀ ਦਰਗਹ ਵਿਚ ਭੀ ਆਦਰ ਪਾਏਂਗਾ ॥੩॥

1941	48	ਕਰੇ ਕਰਾਏ ਆਪਿ ਪ੍ਰਭੁ ਸਭੁ ਕਿਛੁ ਤਿਸ ਹੀ ਹਾਥਿ॥		Karae Karaaeae Aap Prabh Sabh Kishh This Hee Haathh ||	God Himself acts, and causes others to act; everything is in His Hands.	(ਪਰ ਜੀਵਾਂ ਦੇ ਕੁਝ ਵੱਸ ਨਹੀਂ) ਪ੍ਰਭੂ ਆਪ ਹੀ ਸਭ ਕੁਝ ਕਰਦਾ ਹੈ, ਆਪ ਹੀ ਜੀਵਾਂ ਪਾਸੋਂ ਕਰਾਂਦਾ ਹੈ, ਹਰੇਕ ਖੇਡ ਉਸ ਪ੍ਰਭੂ ਦੇ ਆਪਣੇ ਹੀ ਹੱਥ ਵਿਚ ਹੈ।
1942	48	ਮਾਰਿ ਆਪੇ ਜੀਵਾਲਦਾ ਅੰਤਰਿ ਬਾਹਰਿ ਸਾਥਿ॥		Maar Aapae Jeevaaladhaa Anthar Baahar Saathh ||	He Himself bestows life and death; He is with us, within and beyond.	ਪ੍ਰਭੂ ਆਪ ਹੀ ਆਤਮਕ ਮੌਤੇ ਮਾਰਦਾ ਹੈ, ਆਪ ਹੀ ਆਤਮਕ ਜੀਵਨ ਦੇਂਦਾ ਹੈ, ਜੀਵਾਂ ਦੇ ਅੰਦਰ ਬਾਹਰ ਹਰ ਥਾਂ ਉਹਨਾਂ ਦੇ ਨਾਲ ਰਹਿੰਦਾ ਹੈ।
1943	48	ਨਾਨਕ ਪ੍ਰਭ ਸਰਣਾਗਤੀ ਸਰਬ ਘਟਾ ਕੇ ਨਾਥ॥੪॥੧੫॥੮੫॥	(ਘਟਾਂ) ਦਿਲਾਂ ਦੇ (ਨਾਥ) ਮਾਲਕ	Naanak Prabh Saranaagathee Sarab Ghattaa Kae Naathh ||4||15||85||	Nanak seeks the Sanctuary of God, the Master of all hearts. ||4||15||85||	ਹੇ ਨਾਨਕ! (ਅਰਦਾਸ ਕਰ ਤੇ ਆਖ-) ਹੇ ਪ੍ਰਭੂ! ਹੇ ਸਭ ਜੀਵਾਂ ਦੇ ਖਸਮ! ਮੈਂ ਤੇਰੀ ਸਰਨ ਆਇਆ ਹਾਂ (ਮੈਨੂੰ ਆਪਣੇ ਨਾਮ ਦੀ ਦਾਤ ਦੇਹ) ॥੪॥੧੫॥੮੫॥{47-48}
1944	48	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
1945	48	ਸਰਣਿ ਪਏ ਪ੍ਰਭ ਆਪਣੇ ਗੁਰੁ ਹੋਆ ਕਿਰਪਾਲੁ॥		Saran Peae Prabh Aapanae Gur Hoaa Kirapaal ||	The Guru is Merciful; we seek the Sanctuary of God.	ਜਿਸ ਮਨੁੱਖ ਉਤੇ ਗੁਰੂ ਦਇਆਵਾਨ ਹੁੰਦਾ ਹੈ, ਉਹ ਆਪਣੇ ਪਰਮਾਤਮਾ ਦੀ ਸਰਨ ਪੈਂਦਾ ਹੈ।

1946	48	ਸਤਗੁਰ ਕੈ ਉਪਦੇਸਿਐ ਬਿਨਸੇ ਸਰਬ ਜੰਜਾਲ॥	(ਜੰਜਾਲ) ਬੰਧਨ	Sathagur Kai Oupadhaesiai Binasae Sarab Janjaal ||	Through the Teachings of the True Guru, all worldly entanglements are eliminated.	ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਉਸ ਮਨੁੱਖ ਦੇ (ਮਾਇਆ-ਮੋਹ ਵਾਲੇ) ਸਾਰੇ ਜੰਜਾਲ ਨਾਸ ਹੋ ਜਾਂਦੇ ਹਨ।
1947	48	ਅੰਦਰੁ ਲਗਾ ਰਾਮ ਨਾਮਿ ਅੰਮ੍ਰਿਤ ਨਦਰਿ ਨਿਹਾਲੁ॥੧॥	ਲੱਗਾ	Andhar Lagaa Raam Naam Anmrith Nadhar Nihaal ||1||	The Name of the Lord is firmly implanted within my mind; through His Ambrosial Glance of Grace, I am exalted and enraptured. ||1||	ਉਸ ਦਾ ਹਿਰਦਾ ਪਰਮਾਤਮਾ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ, ਪਰਮਾਤਮਾ ਦੀ ਮਿਹਰ ਦੀ ਨਿਗਾਹ ਨਾਲ ਉਸ ਦਾ ਹਿਰਦਾ ਖਿੜ ਆਉਂਦਾ ਹੈ ॥੧॥
1948	48	ਮਨ ਮੇਰੇ ਸਤਿਗੁਰ ਸੇਵਾ ਸਾਰੁ॥	(ਸਾਰੁ) ਸ੍ਰੇਸ਼ਟ ਸੰਭਾਲ	Man Maerae Sathigur Saevaa Saar ||	O my mind, serve the True Guru.	ਹੇ ਮੇਰੇ ਮਨ! ਗੁਰੂ ਦੀ (ਦੱਸੀ ਹੋਈ) ਸੇਵਾ ਧਿਆਨ ਨਾਲ ਕਰ।
1949	48	ਕਰੇ ਦਇਆ ਪ੍ਰਭੁ ਆਪਣੀ ਇਕ ਨਿਮਖ ਨ ਮਨਹੁ ਵਿਸਾਰੁ॥ਰਹਾਉ॥		Karae Dhaeiaa Prabh Aapanee Eik Nimakh N Manahu Visaar || Rehaao ||	God Himself grants His Grace; do not forget Him, even for an instant. ||Pause||	ਪਰਮਾਤਮਾ ਨੂੰ ਅੱਖ ਦੇ ਫੋਰ ਜਿਤਨੇ ਸਮੇਂ ਵਾਸਤੇ ਭੀ ਆਪਣੇ ਮਨ ਤੋਂ ਨਾਹ ਭੁਲਾ। ਜੇਹੜਾ ਮਨੁੱਖ ਇਹ ਉੱਦਮ ਕਰਦਾ ਹੈ, ਪਰਮਾਤਮਾ ਉਸ ਉੱਤੇ ਆਪਣੀ ਮਿਹਰ ਕਰਦਾ ਹੈ ॥੨॥

1950	48	ਗੁਣ ਗੋਵਿੰਦ ਨਿਤ ਗਾਵੀਅਹਿ ਅਵਗੁਣ ਕਟਣਹਾਰ॥		Gun Govindh Nith Gaaveeahi Avagun Kattanehaar ||	Continually sing the Glorious Praises of the Lord of the Universe, the Destroyer of demerits.	(ਹੇ ਭਾਈ!) ਸਦਾ ਪਰਮਾਤਮਾ ਦੇ ਗੁਣ ਗਾਵਣੇ ਚਾਹੀਦੇ ਹਨ, ਪਰਮਾਤਮਾ ਦੇ ਗੁਣ ਸਾਰੇ ਔਗੁਣਾਂ ਨੂੰ ਕੱਟਣ ਦੀ ਸਮਰੱਥਾ ਰੱਖਦੇ ਹਨ।
1951	48	ਬਿਨੁ ਹਰਿ ਨਾਮ ਨ ਸੁਖੁ ਹੋਇ ਕਰਿ ਡਿਠੇ ਬਿਸਥਾਰ॥	(ਬਿਸਥਾਰ) ਫੈਲਾਓ	Bin Har Naam N Sukh Hoe Kar Ddithae Bisathhaar ||	Without the Name of the Lord, there is no peace. Having tried all sorts of ostentatious displays, I have come to see this.	ਅਸਾਂ ਮਾਇਆ ਦੇ ਅਨੇਕਾਂ ਖਿਲਾਰੇ ਕਰ ਕੇ ਵੇਖ ਲਿਆ ਹੈ (ਭਾਵ, ਇਹ ਯਕੀਨ ਜਾਣੋ ਕਿ ਮਾਇਆ ਦੇ ਅਨੇਕਾਂ ਖਿਲਾਰੇ ਖਿਲਾਰਿਆਂ) ਪਰਮਾਤਮਾ ਦੇ ਨਾਮ ਤੋਂ ਬਿਨਾ ਆਤਮਕ ਆਨੰਦ ਨਹੀਂ ਮਿਲਦਾ।
1952	48	ਸਹਜੇ ਸਿਫਤੀ ਰਤਿਆ ਭਵਜਲੁ ਉਤਰੇ ਪਾਰਿ॥੨॥		Sehajae Sifathee Rathiaa Bhavajal Outharae Paar ||2||	Intuitively imbued with His Praises, one is saved, crossing over the terrifying world-ocean. ||2||	ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਵਿਚ ਪਿਆਰ ਪਾਇਆਂ ਜੀਵ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ ॥੨॥੨॥
1953	48	ਤੀਰਥ ਵਰਤ ਲਖ ਸੰਜਮਾ ਪਾਈਐ ਸਾਧੂ ਧੂਰਿ॥		Theerathh Varath Lakh Sanjamaa Paaeeai Saadhhoo Dhhoor ||	The merits of pilgrimages, fasts and hundreds of thousands of techniques of austere self-discipline are found in the dust of the feet of the Holy.	(ਹੇ ਭਾਈ!) ਗੁਰੂ ਦੇ ਚਰਨਾਂ ਦੀ ਧੂੜ ਪ੍ਰਾਪਤ ਕਰਨੀ ਚਾਹੀਦੀ ਹੈ। ਇਹੀ ਹੈ ਤੀਰਥਾਂ ਦੇ ਇਸ਼ਨਾਨ, ਇਹੀ ਹੈ ਵਰਤ ਰੱਖਣੇ, ਇਹੀ ਹੈ ਇੰਦ੍ਰੀਆਂ ਨੂੰ ਵੱਸ ਕਰਨ ਦੇ ਲੱਖਾਂ ਉੱਦਮ।

1954	48	ਲੂਕਿ ਕਮਾਵੈ ਕਿਸ ਤੇ ਜਾ ਵੇਖੈ ਸਦਾ ਹਦੂਰਿ॥	(ਲੂਕਿ) ਲੁਕ ਕੇ	Look Kamaavai Kis Thae Jaa Vaekhai Sadhaa Hadhoor ||	From whom are you trying to hide your actions? God sees all;	(ਪਰਮਾਤਮਾ ਇਹਨਾਂ ਬਾਹਰਲੇ ਧਾਰਮਿਕ ਸੰਜਮਾਂ ਨਾਲ ਨਹੀਂ ਪਤੀਜਦਾ, ਉਹ ਤਾਂ) ਜੀਵਾਂ ਦੇ ਅੰਗ-ਸੰਗ ਰਹਿ ਕੇ ਸਦਾ (ਜੀਵਾਂ ਦੇ ਸਭ-ਲੁਕਾਵੇਂ ਕੀਤੇ ਕੰਮ ਭੀ) ਵੇਖਦਾ ਹੈ (ਫਿਰ ਭੀ ਮੂਰਖ ਮਨੁੱਖ) ਕਿਸ ਤੋਂ ਲੁਕ ਕੇ (ਮੰਦੇ ਕਰਮ) ਕਰਦਾ ਹੈ?
1955	48	ਥਾਨ ਥਨੰਤਰਿ ਰਵਿ ਰਹਿਆ ਪ੍ਰਭੁ ਮੇਰਾ ਭਰਪੂਰਿ॥੩॥	(ਰਵਿ) ਵਿਆਪਕ। (ਭਰਪੂਰਿ) ਪੂਰਨ ਹਰ ਜਗ੍ਹਾ	Thhaan Thhananthar Rav Rehiaa Prabh Maeraa Bharapoor ||3||	He is Ever-present. My God is totally pervading all places and interspaces. ||3||	ਪਰਮਾਤਮਾ ਤਾਂ ਹਰੇਕ ਥਾਂ ਵਿਚ ਪੂਰੇ ਤੌਰ ਤੇ ਵਿਆਪਕ ਹੈ ॥੩॥੩॥
1956	48	ਸਚੁ ਪਾਤਿਸਾਹੀ ਅਮਰੁ ਸਚੁ ਸਚੇ ਸਚਾ ਥਾਨੁ॥	(ਅਮਰੁ) ਹੁਕਮ	Sach Paathisaahee Amar Sach Sachae Sachaa Thhaan ||	True is His Empire, and True is His Command. True is His Seat of True Authority.	ਪਰਮਾਤਮਾ ਦੀ ਪਾਤਿਸ਼ਾਹੀ ਸਦਾ ਕਾਇਮ ਰਹਿਣ ਵਾਲੀ ਹੈ, ਪਰਮਾਤਮਾ ਦਾ ਹੁਕਮ ਅੱਟਲ ਹੈ, ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਥਾਂ ਭੀ ਸਦਾ ਕਾਇਮ ਰਹਿਣ ਵਾਲਾ ਹੈ।
1957	48	ਸਚੀ ਕੁਦਰਤਿ ਧਾਰੀਅਨੁ ਸਚਿ ਸਿਰਜਿਓਨੁ ਜਹਾਨੁ॥		Sachee Kudharath Dhhaareean Sach Sirajioun Jehaan ||	True is the Creative Power which He has created. True is the world which He has fashioned.	ਉਸ ਸਦਾ-ਥਿਰ ਪਰਮਾਤਮਾ ਨੇ ਅਟੱਲ ਕੁਦਰਤਿ ਰਚੀ ਹੋਈ ਹੈ, ਤੇ ਇਹ ਸਾਰਾ ਜਗਤ ਪੈਦਾ ਕੀਤਾ ਹੋਇਆ ਹੈ।

1958	48	ਨਾਨਕ ਜਪੀਐ ਸਚੁ ਨਾਮੁ ਹਉ ਸਦਾ ਸਦਾ ਕੁਰਬਾਨੁ॥੪॥੧੬॥੮੬॥		Naanak Japeeai Sach Naam Ho Sadhaa Sadhaa Kurabaan ||4||16||86||	O Nanak, chant the True Name; I am forever and ever a sacrifice to Him. ||4||16||86||	ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ। ਹੇ ਨਾਨਕ! (ਆਖ-) ਮੈਂ ਉਸ ਪਰਮਾਤਮਾ ਤੋਂ ਸਦਾ ਹੀ ਸਦਕੇ ਜਾਂਦਾ ਹਾਂ ॥੪॥੧੬॥੮੬॥
1959	48	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
1960	48	ਉਦਮੁ ਕਰਿ ਹਰਿ ਜਾਪਣਾ ਵਡਭਾਗੀ ਧਨੁ ਖਾਟਿ॥		Oudham Kar Har Jaapanaa Vaddabhaagee Dhhan Khaatt ||	Make the effort and chant the Lord's Name. O very fortunate ones earn this wealth.	(ਹੇ ਮਨ!) ਉੱਦਮ ਕਰ ਕੇ ਪਰਮਾਤਮਾ ਦਾ ਨਾਮ ਸਿਮਰ, ਵੱਡੇ ਭਾਗਾਂ ਨਾਲ ਪਰਮਾਤਮਾ ਦਾ ਨਾਮ-ਧਨ ਇਕੱਠਾ ਕਰ।
1961	48	ਸੰਤਸੰਗਿ ਹਰਿ ਸਿਮਰਣਾ ਮਲੁ ਜਨਮ ਜਨਮ ਕੀ ਕਾਟਿ॥੧॥		Santhasang Har Simaranaa Mal Janam Janam Kee Kaatt ||1||	In the Society of the Saints, meditate in remembrance on the Lord, and wash off the filth of countless incarnations. ||1||	ਸਾਧ ਸੰਗਤਿ ਵਿਚ ਰਹਿ ਕੇ ਪ੍ਰਭੂ ਦੇ ਨਾਮ ਦਾ ਸਿਮਰਨ ਕੀਤਿਆਂ ਤੂੰ ਜਨਮਾਂ ਜਨਮਾਂ ਵਿਚ ਕੀਤੇ ਵਿਕਾਰਾਂ ਦੀ ਮੈਲ ਦੂਰ ਕਰ ਲਏਂਗਾ ॥੧॥
1962	48	ਮਨ ਮੇਰੇ ਰਾਮ ਨਾਮੁ ਜਪਿ ਜਾਪੁ॥		Man Maerae Raam Naam Jap Jaap ||	O my mind, chant and meditate on the Name of the Lord.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਜਪ, ਪਰਮਾਤਮਾ (ਦੇ ਨਾਮ) ਦਾ ਜਾਪ ਜਪ।

1963	48	ਮਨ ਇਛੇ ਫਲ ਭੁੰਚਿ ਤੂ ਸਭੁ ਚੂਕੈ ਸੋਗੁ ਸੰਤਾਪੁ॥ਰਹਾਉ॥	(ਭੁੰਚਿ) ਛਕਣਾ ਕਰ	Man Eishhae Fal Bhunch Thoo Sabh Chookai Sog Santhaap || Rehaao ||	Enjoy the fruits of your mind's desires; all suffering and sorrow shall depart. ||Pause||	(ਸਿਮਰਨ ਦੀ ਬਰਕਤਿ ਨਾਲ) ਤੂੰ ਮਨ-ਭਾਉਂਦੇ ਫਲ ਪ੍ਰਾਪਤ ਕਰੇਂਗਾ, ਤੇ ਤੇਰਾ ਸਾਰਾ ਦੁੱਖ ਕਲੇਸ਼ ਸਹਮ ਦੂਰ ਹੋ ਜਾਇਗਾ।ਰਹਾਉ।
1964	48	ਜਿਸੁ ਕਾਰਣਿ ਤਨੁ ਧਾਰਿਆ ਸੋ ਪ੍ਰਭੁ ਡਿਠਾ ਨਾਲਿ॥		Jis Kaaran Than Dhhaariaa So Prabh Ddithaa Naal ||	For His sake, you assumed this body; see God always with you.	(ਹੇ ਭਾਈ!) ਇਸੇ ਮਨੋਰਥ ਵਾਸਤੇ ਤੂੰ ਇਹ ਮਨੁੱਖਾ ਜਨਮ ਹਾਸਲ ਕੀਤਾ ਹੈ (ਜਿਸ ਮਨੁੱਖ ਨੇ ਇਹ ਮਨੋਰਥ ਪੂਰਾ ਕੀਤਾ ਹੈ, ਪ੍ਰਭੂ ਦਾ ਨਾਮ ਸਿਮਰਿਆ ਹੈ, ਉਸ ਨੇ) ਉਸ ਪਰਮਾਤਮਾ ਨੂੰ ਆਪਣੇ ਅੰਗ-ਸੰਗ ਵੱਸਦਾ ਵੇਖ ਲਿਆ ਹੈ।
1965	48	ਜਲਿ ਥਲਿ ਮਹੀਅਲਿ ਪੂਰਿਆ ਪ੍ਰਭੁ ਆਪਣੀ ਨਦਰਿ ਨਿਹਾਲਿ॥੨॥	(ਮਹੀਅਲਿ) ਵਿੱਚ। (ਦੂਜਾ ਪਾਠ: ਮਹੀ ਅਲਿ)	Jal Thhal Meheeal Pooriaa Prabh Aapanee Nadhar Nihaal ||2||	God is pervading the water, the land and the sky; He sees all with His Glance of Grace. ||2||	(ਉਸ ਨੂੰ ਇਹ ਨਿਸ਼ਚਾ ਬਣ ਗਿਆ ਹੈ ਕਿ) ਪ੍ਰਭੂ ਜਲ ਵਿਚ, ਧਰਤੀ ਵਿਚ, ਆਕਾਸ਼ ਵਿਚ, ਹਰ ਥਾਂ ਮੌਜੂਦ ਹੈ ਤੇ (ਸਭ ਜੀਵਾਂ ਨੂੰ) ਆਪਣੀ ਮਿਹਰ ਦੀ ਨਿਗਾਹ ਨਾਲ ਵੇਖਦਾ ਹੈ ॥੨॥
1966	48	ਮਨੁ ਤਨੁ ਨਿਰਮਲੁ ਹੋਇਆ ਲਾਗੀ ਸਾਚੁ ਪਰੀਤਿ॥		Man Than Niramal Hoeiaa Laagee Saach Pareeth ||	The mind and body become spotlessly pure, enshrining love for the True Lord.	ਜਿਸ ਮਨੁੱਖ ਦੀ ਪ੍ਰੀਤਿ ਸਦਾ-ਥਿਰ ਪਰਮਾਤਮਾ ਨਾਲ ਬਣ ਜਾਂਦੀ ਹੈ, ਉਸ ਦਾ ਮਨ ਪਵਿਤ੍ਰ ਹੋ ਜਾਂਦਾ ਹੈ, ਉਸ ਦਾ ਸਰੀਰ (ਭੀ) ਪਵਿਤ੍ਰ ਹੋ ਜਾਂਦਾ ਹੈ (ਭਾਵ, ਉਸ ਦੇ ਸਾਰੇ ਗਿਆਨ-ਇੰਦ੍ਰੇ ਵਿਕਾਰਾਂ ਵਲੋਂ ਹਟ ਜਾਂਦੇ ਹਨ)।

1967	48	ਚਰਣ ਭਜੇ ਪਾਰਬ੍ਰਹਮ ਕੇ ਸਭਿ ਜਪ ਤਪ ਤਿਨ ਹੀ ਕੀਤਿ॥੩॥	ਭਜੇ: ਪੋਲਾ ਬੋਲੋ	Charan Bhajae Paarabreham Kae Sabh Jap Thap Thin Hee Keeth ||3||	One who dwells upon the Feet of the Supreme Lord God has truly performed all meditations and austerities. ||3||	ਜਿਸ ਮਨੁੱਖ ਨੇ ਅਕਾਲ ਪੁਰਖ ਦੇ ਚਰਨ ਸੇਵੇ ਹਨ, ਮਾਨੋ, ਸਾਰੇ ਜਪ ਸਾਰੇ ਤਪ ਉਸੇ ਨੇ ਹੀ ਕਰ ਲਏ ਹਨ ॥੩॥
1968	48	ਰਤਨ ਜਵੇਹਰ ਮਾਣਿਕਾ ਅੰਮ੍ਰਿਤੁ ਹਰਿ ਕਾ ਨਾਉ॥		Rathan Javaehar Maanikaa Anmrith Har Kaa Naao ||	The Ambrosial Name of the Lord is a Gem, a Jewel, a Pearl.	ਪਰਮਾਤਮਾ ਦਾ ਅਟੱਲ ਆਤਮਕ ਜੀਵਨ ਦੇਣ ਵਾਲਾ ਨਾਮ (ਹੀ ਅਸਲੀ) ਰਤਨ ਜਵਾਹਰ ਤੇ ਮੋਤੀ ਹੈ,
1969	48	ਸੂਖ ਸਹਜ ਆਨੰਦ ਰਸ ਜਨ ਨਾਨਕ ਹਰਿ ਗੁਣ ਗਾਉ॥੪॥੧੭॥੮੭॥		Sookh Sehaj Aanandh Ras Jan Naanak Har Gun Gaao ||4||17||87||	The essence of intuitive peace and bliss is obtained, O servant Nanak, by singing the Glories of God. ||4||17||87||	(ਕਿਉਂਕਿ ਨਾਮ ਦੀ ਬਰਕਤਿ ਨਾਲ ਹੀ) ਆਤਮਕ ਅਡੋਲਤਾ ਦੇ ਸੁਖ ਆਨੰਦ ਦੇ ਰਸ ਪ੍ਰਾਪਤ ਹੁੰਦੇ ਹਨ। ਹੇ ਦਾਸ ਨਾਨਕ! ਸਦਾ ਪ੍ਰਭੂ ਦੇ ਗੁਣ ਗਾ ॥੪॥੧੭॥੮੭॥
1970	48	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	

1971	48	ਸੋਈ ਸਾਸਤੁ ਸਉਣੁ ਸੋਇ ਜਿਤੁ ਜਪੀਐ ਹਰਿ ਨਾਉ॥	(ਸਾਸਤੁ) ਸਾਸਤ੍ਰ। (ਸਉਣੁ)ਸ਼ਗੁਨ	Soee Saasath Soun Soe Jith Japeeai Har Naao ||	That is the essence of the scriptures, and that is a good omen, by which one comes to chant the Name of the Lord.	(ਪਰ ਹੇ ਮਨ! ਗੁਰੂ ਦੀ ਸਰਨ ਪਿਆਂ ਹੀ ਨਾਮ ਸਿਮਰ ਸਕੀਦਾ ਹੈ) ਉਹ ਗੁਰੂ ਹੀ ਸ਼ਾਸਤ੍ਰ ਹੈ, ਉਹ ਗੁਰੂ ਹੀ ਜੋਤਿਸ਼-ਸ਼ਾਸਤ੍ਰ ਹੈ, ਕਿਉਂਕਿ ਉਸ (ਗੁਰੂ) ਦੀ ਰਾਹੀਂ ਪਰਮਾਤਮਾ ਦਾ ਨਾਮ ਜਪਿਆ ਜਾ ਸਕਦਾ ਹੈ।
1972	48	ਚਰਨਕਮਲੁ ਗੁਰਿ ਧਨੁ ਦੀਆ ਮਿਲਿਆ ਨਿਥਾਵੇ ਥਾਉ॥		Charan Kamal Gur Dhhan Dheeaa Miliaa Nithhaavae Thhaao ||	The Guru has given me the Wealth of the Lotus Feet of the Lord, and I, without shelter, have now obtained Shelter.	ਜਿਸ ਨਿਆਸਰੇ ਬੰਦੇ ਨੂੰ ਭੀ ਗੁਰੂ ਨੇ ਪਰਮਾਤਮਾ ਦੇ ਸੋਹਣੇ ਚਰਨਾਂ ਦੀ ਪ੍ਰੀਤਿ ਦਾ ਧਨ ਦਿੱਤਾ ਹੈ, ਉਸ ਨੂੰ (ਲੋਕ ਪਰਲੋਕ ਵਿਚ) ਆਦਰ ਮਿਲ ਜਾਂਦਾ ਹੈ।
1973	48	ਸਾਚੀ ਪੂੰਜੀ ਸਚੁ ਸੰਜਮੋ ਆਠ ਪਹਰ ਗੁਣ ਗਾਉ॥		Saachee Poonjee Sach Sanjamo Aath Pehar Gun Gaao ||	The True Capital, and the True Way of Life, comes by chanting His Glories, twenty-four hours a day.	(ਹੇ ਮੇਰੇ ਮਨ!) ਅੱਠੇ ਪਹਰ ਪਰਮਾਤਮਾ ਦੇ ਗੁਣ ਗਾਂਦਾ ਰਹੁ, ਇਹ ਸਦਾ ਕਾਇਮ ਰਹਿਣ ਵਾਲਾ ਸਰਮਾਇਆ ਹੈ, ਇਹੀ ਇੰਦ੍ਰੀਆਂ ਨੂੰ ਕਾਬੂ ਕਰਨ ਦਾ ਅਟੱਲ ਸਾਧਨ ਹੈ।
1974	48	ਕਰਿ ਕਿਰਪਾ ਪ੍ਰਭੁ ਭੇਟਿਆ ਮਰਣੁ ਨ ਆਵਣੁ ਜਾਉ॥੧॥		Kar Kirapaa Prabh Bhaettiaa Maran N Aavan Jaao ||1||	Granting His Grace, God meets us, and we no longer die, or come or go in reincarnation. ||1||	(ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਪ੍ਰਭੂ ਦਾ ਨਾਮ ਸਿਮਰਦਾ ਹੈ ਉਸ ਨੂੰ) ਪ੍ਰਭੂ ਮਿਹਰ ਕਰ ਕੇ ਮਿਲ ਪੈਂਦਾ ਹੈ, ਉਸ ਨੂੰ ਆਤਮਕ ਮੌਤ ਨਹੀਂ ਆਉਂਦੀ, ਉਸ ਦਾ ਜਨਮ ਮਰਨ ਮੁੱਕ ਜਾਂਦਾ ਹੈ ॥੧॥

1975	48	ਮੇਰੇ ਮਨ ਹਰਿ ਭਜੁ ਸਦਾ ਇਕ ਰੰਗਿ॥		Maerae Man Har Bhaj Sadhaa Eik Rang ||	O my mind, vibrate and meditate forever on the Lord, with single-minded love.	ਹੇ ਮੇਰੇ ਮਨ! ਪਰਮਾਤਮਾ ਦੇ ਪਿਆਰ ਵਿਚ (ਜੁੜ ਕੇ) ਸਦਾ ਪਰਮਾਤਮਾ ਦਾ ਭਜਨ ਕਰ।
1976	48	ਘਟ ਘਟ ਅੰਤਰਿ ਰਵਿ ਰਹਿਆ ਸਦਾ ਸਹਾਈ ਸੰਗਿ॥੧॥ਰਹਾਉ॥		Ghatt Ghatt Anthar Rav Rehiaa Sadhaa Sehaaee Sang ||1|| Rehaao ||	He is contained deep within each and every heart. He is always with you, as your Helper and Support. ||1||Pause||	ਉਹ ਪਰਮਾਤਮਾ ਹਰੇਕ ਸਰੀਰ ਵਿਚ ਵਿਆਪਕ ਹੈ, ਉਹ ਸਦਾ ਸਹੈਤਾ ਕਰਨ ਵਾਲਾ ਹੈ, ਤੇ ਉਹ ਸਦਾ ਅੰਗ-ਸੰਗ ਰਹਿੰਦਾ ਹੈ ॥੧॥ ਰਹਾਉ ॥
1977	48	ਸੁਖਾ ਕੀ ਮਿਤਿ ਕਿਆ ਗਣੀ ਜਾ ਸਿਮਰੀ ਗੋਵਿੰਦੁ॥	ਸੁਖਾਂ, ਮਿਤਿ: ਪੋਲੇ ਬੋਲੋ	Sukhaa Kee Mith Kiaa Ganee Jaa Simaree Govindh ||	How can I measure the happiness of meditating on the Lord of the Universe?	ਜਦੋਂ ਮੈਂ ਧਰਤੀ ਦੇ ਪਾਲਕ ਪ੍ਰਭੂ ਨੂੰ ਸਿਮਰਦਾ ਹਾਂ (ਉਸ ਵੇਲੇ ਇਤਨੇ ਸੁਖ ਅਨੁਭਵ ਹੁੰਦੇ ਹਨ ਕਿ) ਮੈਂ ਉਹਨਾਂ ਸੁਖਾਂ ਦਾ ਅੰਦਾਜ਼ਾ ਨਹੀਂ ਲਾ ਸਕਦਾ।
1978	48	ਜਿਨ ਚਾਖਿਆ ਸੇ ਤ੍ਰਿਪਤਾਸਿਆ ਉਹ ਰਸੁ ਜਾਣੈ ਜਿੰਦੁ॥		Jin Chaakhiaa Sae Thripathaasiaa Ouh Ras Jaanai Jindh ||	Those who taste it are satisfied and fulfilled; their souls know this Sublime Essence.	ਜਿਨ੍ਹਾਂ ਬੰਦਿਆਂ ਨੇ ਨਾਮ-ਰਸ ਚੱਖਿਆ ਹੈ, ਉਹ (ਮਾਇਆ ਦੀ ਤ੍ਰਿਸ਼ਨਾ ਵਲੋਂ) ਰਜ ਜਾਂਦੇ ਹਨ; (ਪਰ ਜੇਹੜੀ ਜਿੰਦ ਨਾਮ ਜਪਦੀ ਹੈ) ਉਹੀ ਜਿੰਦ ਉਸ ਨਾਮ-ਰਸ ਨੂੰ ਸਮਝਦੀ ਹੈ।
1979	49	ਸੰਤਾ ਸੰਗਤਿ ਮਨਿ ਵਸੈ ਪ੍ਰਭੁ ਪ੍ਰੀਤਮੁ ਬਖਸਿੰਦੁ॥	ਬਖ-ਸਿੰਦੁ	Santhaa Sangath Man Vasai Prabh Preetham Bakhasindh ||	In the Society of the Saints, God, the Beloved, the Forgiver, comes to dwell within the mind.	ਪ੍ਰੀਤਮ ਬਖ਼ਸ਼ਣਹਾਰ ਪ੍ਰਭੂ ਸਾਧ ਸੰਗਤਿ ਵਿਚ ਟਿਕਿਆਂ ਹੀ ਮਨ ਵਿਚ ਵੱਸਦਾ ਹੈ।

1980	49	ਜਿਨਿ ਸੇਵਿਆ ਪ੍ਰਭੁ ਆਪਣਾ ਸੋਈ ਰਾਜ ਨਰਿੰਦੁ॥੨॥	(ਰਾਜ) ਰਾਜਿਆਂ ਦੇ (ਨਰਿੰਦੁ) ਰਾਜਾ	Jin Saeviaa Prabh Aapanaa Soee Raaj Narindh ||2||	One who has served his God is the emperor of kings||2||	ਜਿਸ ਮਨੁੱਖ ਨੇ ਪਿਆਰੇ ਪ੍ਰਭੂ ਦਾ ਸਿਮਰਨ ਕੀਤਾ ਹੈ, ਉਹ ਰਾਜਿਆਂ ਦਾ ਰਾਜਾ ਬਣ ਗਿਆ ਹੈ ॥੨॥
1981	49	ਅਉਸਰਿ ਹਰਿ ਜਸੁ ਗੁਣ ਰਮਣ ਜਿਤੁ ਕੋਟਿ ਮਜਨ ਇਸਨਾਨੁ॥	(ਅਉਸਰਿ) ਸਮਾਂ। (ਰਮਣ) ਸਿਮਰਨ। ਮੱਜਨ	Aousar Har Jas Gun Raman Jith Kott Majan Eisanaan ||	This is the time to speak and sing the Praise and the Glory of God, which brings the merit of millions of cleansing and purifying baths.	ਜਿਸ ਸਮੇਂ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ ਜਾਏ, ਪਰਮਾਤਮਾ ਦੇ ਗੁਣ ਯਾਦ ਕੀਤੇ ਜਾਣ (ਉਸ ਸਮੇਂ, ਮਾਨੋ) ਕ੍ਰੋੜਾਂ ਤੀਰਥਾਂ ਦੇ ਇਸ਼ਨਾਨ ਹੋ ਜਾਂਦੇ ਹਨ।
1982	49	ਰਸਨਾ ਉਚਰੈ ਗੁਣਵਤੀ ਕੋਇ ਨ ਪੁਜੈ ਦਾਨੁ॥	ਉੱਚਰੈ। ਗੁਣਵਤੀ: ਪੋਲਾ ਬੋਲੋ। ਪੁੱਜੈ	Rasanaa Oucharai Gunavathee Koe N Pujai Dhaan ||	The tongue which chants these Praises is worthy; there is no charity equal to this.	ਜੇ ਕੋਈ ਭਾਗਾਂ ਵਾਲੀ ਜੀਭ ਪਰਮਾਤਮਾ ਦੇ ਗੁਣ ਉਚਾਰਦੀ ਹੈ, ਤਾਂ ਹੋਰ ਕੋਈ ਦਾਨ (ਇਸ ਕੰਮ ਦੀ) ਬਰਾਬਰੀ ਨਹੀਂ ਕਰ ਸਕਦਾ।
1983	49	ਦ੍ਰਿਸਟਿ ਧਾਰਿ ਮਨਿ ਤਨਿ ਵਸੈ ਦਇਆਲ ਪੁਰਖੁ ਮਿਹਰਵਾਨੁ॥	(ਦ੍ਰਿਸਟਿ) ਕ੍ਰਿਪਾ ਦ੍ਰਿਸ਼ਟੀ	Dhrisatt Dhhaar Man Than Vasai Dhaeiaal Purakh Miharavaan ||	Blessing us with His Glance of Grace, the Kind and Compassionate, All-powerful Lord comes to dwell within the mind and body.	(ਜੇਹੜਾ ਮਨੁੱਖ ਸਿਮਰਨ ਕਰਦਾ ਹੈ ਉਸ ਦੇ) ਮਨ ਵਿਚ ਸਰੀਰ ਵਿਚ ਮਿਹਰਬਾਨ ਦਇਆਲ ਅਕਾਲ ਪੁਰਖ ਮਿਹਰ ਦੀ ਨਿਗਾਹ ਕਰ ਕੇ ਆ ਵੱਸਦਾ ਹੈ।

1984	49	ਜੀਉ ਪਿੰਡੁ ਧਨੁ ਤਿਸ ਦਾ ਹਉ ਸਦਾ ਸਦਾ ਕੁਰਬਾਨੁ॥੩॥		Jeeo Pindd Dhhan This Dhaa Ho Sadhaa Sadhaa Kurabaan ||3||	My soul, body and wealth are His. Forever and ever, I am a sacrifice to Him. ||3||	ਇਹ ਜਿੰਦ, ਇਹ ਸਰੀਰ, ਇਹ ਧਨ ਸਭ ਕੁਝ ਉਸ ਪਰਮਾਤਮਾ ਦਾ ਹੀ ਦਿੱਤਾ ਹੋਇਆ ਹੈ, ਮੈਂ ਸਦਾ ਹੀ ਉਸ ਤੋਂ ਸਦਕੇ ਜਾਂਦਾ ਹਾਂ ॥੩॥
1985	49	ਮਿਲਿਆ ਕਦੇ ਨ ਵਿਛੁੜੈ ਜੋ ਮੇਲਿਆ ਕਰਤਾਰਿ॥		Miliaa Kadhae N Vishhurrai Jo Maeliaa Karathaar ||	One whom the Creator Lord has met and joined to Himself shall never again be separated.	ਜਿਸ ਮਨੁੱਖ ਨੂੰ ਕਰਤਾਰ ਨੇ (ਆਪਣੇ ਚਰਨਾਂ ਵਿਚ) ਜੋੜ ਲਿਆ ਹੈ ਪ੍ਰਭੂ-ਚਰਨਾਂ ਵਿਚ ਜੁੜਿਆ ਉਹ ਮਨੁੱਖ (ਕਦੇ ਮਾਇਆ ਦੇ ਬੰਧਨਾਂ ਵਿਚ ਨਹੀਂ ਫਸਦਾ, ਤੇ) ਕਦੇ (ਪ੍ਰਭੂ ਤੋਂ) ਨਹੀਂ ਵਿੱਛੁੜਦਾ।
1986	49	ਦਾਸਾ ਕੇ ਬੰਧਨ ਕਟਿਆ ਸਾਚੈ ਸਿਰਜਣਹਾਰਿ॥	ਦਾਸਾਂ	Dhaasaa Kae Bandhhan Kattiaa Saachai Sirajanehaar ||	The True Creator Lord breaks the bonds of His slave.	ਸਦਾ-ਥਿਰ ਰਹਿਣ ਵਾਲੇ ਸਿਰਜਣਹਾਰ ਨੇ ਆਪਣੇ ਦਾਸਾਂ ਦੇ (ਮਾਇਆ ਦੇ) ਬੰਧਨ (ਸਦਾ ਲਈ) ਕੱਟ ਦਿੱਤੇ ਹੁੰਦੇ ਹਨ।
1987	49	ਭੂਲਾ ਮਾਰਗਿ ਪਾਇਓਨੁ ਗੁਣ ਅਵਗੁਣ ਨ ਬੀਚਾਰਿ॥		Bhoolaa Maarag Paaeioun Gun Avagun N Beechaar ||	The doubter has been put back on the path; his merits and demerits have not been considered.	(ਜੇ ਉਸ ਦਾ ਦਾਸ ਪਹਿਲਾਂ) ਕੁਰਾਹੇ ਭੀ ਪੈ ਗਿਆ (ਸੀ ਤੇ ਫਿਰ ਉਸ ਦੀ ਸਰਨ ਆਇਆ ਹੈ ਤਾਂ) ਉਸ ਪ੍ਰਭੂ ਨੇ ਉਸ ਦੇ (ਪਹਿਲੇ) ਗੁਣ ਔਗੁਣ ਨਾਹ ਵਿਚਾਰ ਕੇ ਉਸ ਨੂੰ ਸਹੀ ਰਸਤੇ ਉੱਤੇ ਪਾ ਦਿੱਤਾ ਹੈ।

1988	49	ਨਾਨਕ ਤਿਸੁ ਸਰਣਾਗਤੀ ਜਿ ਸਗਲ ਘਟਾ ਆਧਾਰੁ॥੪॥੧੮॥੮੮॥	ਘਟਾਂ: ਪੋਲਾ ਬੋਲੋ	Naanak This Saranaagathee J Sagal Ghattaa Aadhhaar ||4||18||88||	Nanak seeks the Sanctuary of the One who is the Support of every heart. ||4||18||88||	ਹੇ ਨਾਨਕ! ਉਸ ਪ੍ਰਭੂ ਦੀ ਸਰਨ ਪਉ ਜੋ ਸਾਰੇ ਸਰੀਰਾਂ ਦਾ (ਜੀਵਾਂ ਦਾ) ਆਸਰਾ ਹੈ ॥੪॥੧੮॥੮੮॥{48-49}
1989	49	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
1990	49	ਰਸਨਾ ਸਚਾ ਸਿਮਰੀਐ ਮਨੁ ਤਨੁ ਨਿਰਮਲੁ ਹੋਇ॥		Rasanaa Sachaa Simareeai Man Than Niramal Hoe ||	With your tongue, repeat the True Name, and your mind and body shall become pure.	(ਹੇ ਭਾਈ!) ਜੀਭ ਨਾਲ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ, (ਸਿਮਰਨ ਦੀ ਬਰਕਤਿ ਨਾਲ) ਮਨ ਪਵਿਤ੍ਰ ਹੋ ਜਾਂਦਾ ਹੈ ਸਰੀਰ ਪਵਿਤ੍ਰ ਹੋ ਜਾਂਦਾ ਹੈ।
1991	49	ਮਾਤ ਪਿਤਾ ਸਾਕ ਅਗਲੇ ਤਿਸੁ ਬਿਨੁ ਅਵਰੁ ਨ ਕੋਇ॥	(ਅਗਲੇ) ਬਹੁਤੇ	Maath Pithaa Saak Agalae This Bin Avar N Koe ||	Your mother and father and all your relations-without Him, there are none at all.	(ਜਗਤ ਵਿਚ) ਮਾਂ ਪਿਉ (ਆਦਿਕ) ਬਥੇਰੇ ਸਾਕ-ਅੰਗ ਹੁੰਦੇ ਹਨ, ਪਰ ਉਸ ਪਰਮਾਤਮਾ ਤੋਂ ਬਿਨਾ ਹੋਰ ਕੋਈ (ਸਦਾ ਨਾਲ ਨਿਭਣ ਵਾਲਾ ਸੰਬੰਧੀ) ਨਹੀਂ ਹੁੰਦਾ।
1992	49	ਮਿਹਰ ਕਰੇ ਜੇ ਆਪਣੀ ਚਸਾ ਨ ਵਿਸਰੈ ਸੋਇ॥੧॥	ਚਸਾ: ਪੋਲਾ ਬੋਲੋ	Mihar Karae Jae Aapanee Chasaa N Visarai Soe ||1||	If God Himself bestows His Mercy, then He is not forgotten, even for an instant. ||1||	(ਸਿਮਰਨ ਭੀ ਉਸ ਦੀ ਮਿਹਰ ਨਾਲ ਹੀ ਹੋ ਸਕਦਾ ਹੈ), ਜੇ ਉਹ ਪ੍ਰਭੂ ਆਪਣੀ ਮਿਹਰ ਕਰੇ, ਤਾਂ ਉਹ (ਜੀਵ ਨੂੰ) ਰਤਾ ਭਰ ਸਮੇਂ ਲਈ ਭੀ ਨਹੀਂ ਭੁੱਲਦਾ ॥੧॥

1993	49	ਮਨ ਮੇਰੇ ਸਾਚਾ ਸੇਵਿ ਜਿਚਰੁ ਸਾਸੁ॥	ਜਿੱਚਰੁ	Man Maerae Saachaa Saev Jichar Saas ||	O my mind, serve the True One, as long as you have the breath of life.	ਹੇ ਮੇਰੇ ਮਨ! ਜਿਤਨਾ ਚਿਰ (ਤੇਰੇ ਸਰੀਰ ਵਿਚ) ਸਾਹ (ਆਉਂਦਾ) ਹੈ (ਉਤਨਾ ਚਿਰ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਸਿਮਰਨ ਕਰ।
1994	49	ਬਿਨੁ ਸਚੇ ਸਭੁ ਕੂੜੁ ਹੈ ਅੰਤੇ ਹੋਇ ਬਿਨਾਸੁ॥੧॥ਰਹਾਉ॥		Bin Sachae Sabh Koorr Hai Anthae Hoe Binaas ||1|| Rehaao ||	Without the True One, everything is false; in the end, all shall perish. ||1||Pause||	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਤੋਂ ਬਿਨਾ ਹੋਰ ਸਾਰਾ ਝੂਠਾ ਪਰਪੰਚ ਹੈ, ਇਹ ਆਖ਼ਰ ਨੂੰ ਨਾਸ ਹੋ ਜਾਣ ਵਾਲਾ ਹੈ ॥੧॥ ਰਹਾਉ ॥
1995	49	ਸਾਹਿਬੁ ਮੇਰਾ ਨਿਰਮਲਾ ਤਿਸੁ ਬਿਨੁ ਰਹਣੁ ਨ ਜਾਇ॥		Saahib Maeraa Niramalaa This Bin Rehan N Jaae ||	My Lord and Master is Immaculate and Pure; without Him, I cannot even survive.	ਹੇ (ਮੇਰੀ) ਮਾਂ! ਮੇਰਾ ਮਾਲਕ-ਪ੍ਰਭੂ ਪਵਿਤ੍ਰ-ਸਰੂਪ ਹੈ। ਉਸ ਦੇ ਸਿਮਰਨ ਤੋਂ ਬਿਨਾ ਮੈਥੋਂ ਰਿਹਾ ਨਹੀਂ ਜਾ ਸਕਦਾ।
1996	49	ਮੇਰੈ ਮਨਿ ਤਨਿ ਭੁਖ ਅਤਿ ਅਗਲੀ ਕੋਈ ਆਣਿ ਮਿਲਾਵੈ ਮਾਇ॥		Maerai Man Than Bhukh Ath Agalee Koee Aan Milaavai Maae ||	Within my mind and body, there is such a great hunger; if only someone would come and unite me with Him, O my mother!	(ਉਸ ਦੇ ਦੀਦਾਰ ਵਾਸਤੇ) ਮੇਰੇ ਮਨ ਵਿਚ ਮੇਰੇ ਤਨ ਵਿਚ ਬਹੁਤ ਹੀ ਜ਼ਿਆਦਾ ਤਾਂਘ ਹੈ। (ਹੇ ਮਾਂ! ਮੇਰੇ ਅੰਦਰ ਤੜਪ ਹੈ ਕਿ) ਕੋਈ (ਗੁਰਮੁਖਿ) ਉਸ ਨੂੰ ਲਿਆ ਕੇ ਮੈਨੂੰ ਮਿਲਾ ਦੇਵੇ।

1997	49	ਚਾਰੇ ਕੁੰਡਾ ਭਾਲੀਆ ਸਹ ਬਿਨੁ ਅਵਰੁ ਨ ਜਾਇ॥੨॥	(ਜਾਇ) ਜਗ੍ਹਾ, ਆਸਰਾ	Chaarae Kunddaa Bhaaleeaa Seh Bin Avar N Jaae ||2||	I have searched the four corners of the world-without our Husband Lord, there is no other place of rest. ||2||	ਮੈਂ ਚਾਰੇ ਕੂਟਾਂ ਭਾਲ ਵੇਖੀਆਂ ਹਨ, ਖਸਮ-ਪ੍ਰਭੂ ਤੋਂ ਬਿਨਾ ਮੈਨੂੰ ਕੋਈ ਹੋਰ ਆਸਰਾ ਨਹੀਂ (ਸੁੱਝਦਾ) ॥੨॥
1998	49	ਤਿਸੁ ਆਗੈ ਅਰਦਾਸਿ ਕਰਿ ਜੋ ਮੇਲੇ ਕਰਤਾਰੁ॥		This Aagai Aradhaas Kar Jo Maelae Karathaar ||	Offer your prayers to Him, who shall unite you with the Creator.	(ਹੇ ਮੇਰੇ ਮਨ!) ਤੂੰ ਉਸ ਗੁਰੂ ਦੇ ਦਰ ਤੇ ਅਰਦਾਸ ਕਰ, ਜੇਹੜਾ ਕਰਤਾਰ (ਨੂੰ) ਮਿਲਾ ਸਕਦਾ ਹੈ।
1999	49	ਸਤਿਗੁਰੁ ਦਾਤਾ ਨਾਮ ਕਾ ਪੂਰਾ ਜਿਸੁ ਭੰਡਾਰੁ॥		Sathigur Dhaathaa Naam Kaa Pooraa Jis Bhanddaar ||	The True Guru is the Giver of the Naam; His Treasure is perfect and overflowing.	ਗੁਰੂ ਨਾਮ (ਦੀ ਦਾਤਿ) ਦੇਣ ਵਾਲਾ ਹੈ, ਉਸ (ਗੁਰੂ) ਦਾ (ਨਾਮ ਦਾ) ਖ਼ਜ਼ਾਨਾ ਅਮੁੱਕ ਹੈ।
2000	49	ਸਦਾ ਸਦਾ ਸਾਲਾਹੀਐ ਅੰਤੁ ਨ ਪਾਰਾਵਾਰੁ॥੩॥		Sadhaa Sadhaa Saalaaheeai Anth N Paaraavaar ||3||	Forever and ever, praise the One, who has no end or limitation. ||3||	(ਗੁਰੂ ਦੀ ਸਰਨ ਪੈ ਕੇ ਹੀ) ਸਦਾ ਹੀ ਉਸ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ, ਜਿਸ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ। ਜਿਸ ਦੇ ਗੁਣਾਂ ਦੇ ਸਮੁੰਦਰ ਦਾ ਉਰਲਾ ਤੇ ਪਾਰਲਾ ਬੰਨਾ ਨਹੀਂ ਲੱਭ ਸਕਦਾ ॥੩॥

2001	49	ਪਰਵਦਗਾਰੁ ਸਾਲਾਹੀਐ ਜਿਸ ਦੇ ਚਲਤ ਅਨੇਕ॥	(ਪਰਵਦ-ਗਾਰੁ) ਪਾਲਣਾ ਕਰਨ ਵਾਲੇ	Paravadhagaar Saalaaheeai Jis Dhae Chalath Anaek ||	Praise God, the Nurturer and Cherisher; His Wondrous Ways are unlimited.	(ਹੇ ਭਾਈ! ਗੁਰੂ ਦੀ ਸਰਨ ਪੈ ਕੇ) ਉਸ ਪਾਲਣਹਾਰ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ ਜਿਸ ਦੇ ਅਨੇਕਾਂ ਕੌਤਕ (ਦਿੱਸ ਰਹੇ ਹਨ)।
2002	49	ਸਦਾ ਸਦਾ ਆਰਾਧੀਐ ਏਹਾ ਮਤਿ ਵਿਸੇਖ॥	(ਆਰਾਧੀਐ) ਸਿਮਰੀਏ। (ਵਸੇਖ) ਵਿਸ਼ੇਸ਼ ਚੰਗੀ। ਮੱਤਿ	Sadhaa Sadhaa Aaraadhheeai Eaehaa Math Visaekh ||	Forever and ever, worship and adore Him; this is the most wonderful wisdom.	ਉਸ ਦਾ ਨਾਮ ਸਦਾ ਹੀ ਸਿਮਰਨਾ ਚਾਹੀਦਾ ਹੈ, ਇਹੀ ਸਭ ਤੋਂ ਚੰਗੀ ਅਕਲ ਹੈ।
2003	49	ਮਨਿ ਤਨਿ ਮਿਠਾ ਤਿਸੁ ਲਗੈ ਜਿਸੁ ਮਸਤਕਿ ਨਾਨਕ ਲੇਖ॥੪॥੧੯॥੮੯॥		Man Than Mithaa This Lagai Jis Masathak Naanak Laekh ||4||19||89||	O Nanak, God's Flavor is sweet to the minds and bodies of those who have such blessed destiny written on their foreheads. ||4||19||89||	(ਪਰ ਜੀਵ ਦੇ ਭੀ ਕੀਹ ਵੱਸ?) ਹੇ ਨਾਨਕ! ਜਿਸ ਮਨੁੱਖ ਦੇ ਮੱਥੇ ਉੱਤੇ (ਚੰਗੇ ਭਾਗਾਂ ਦਾ) ਲੇਖ (ਉੱਘੜ ਪਏ), ਉਸ ਨੂੰ (ਪਰਮਾਤਮਾ) ਮਨ ਵਿਚ ਹਿਰਦੇ ਵਿਚ ਪਿਆਰਾ ਲੱਗਦਾ ਹੈ ॥੪॥੧੯॥੮੯॥
2004	49	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
2005	49	ਸੰਤ ਜਨਹੁ ਮਿਲਿ ਭਾਈਹੋ ਸਚਾ ਨਾਮੁ ਸਮਾਲਿ॥		Santh Janahu Mil Bhaaeeho Sachaa Naam Samaal ||	Meet with the humble Saints, O Siblings of Destiny, and contemplate the True Name.	ਹੇ ਸੰਤ ਜਨੋ! ਭਰਾਵੋ! (ਸਾਧ ਸੰਗਤ ਵਿਚ) ਮਿਲ ਕੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਨਾਮ ਹਿਰਦੇ ਵਿਚ ਵਸਾ ਕੇ,

2006	49	ਤੋਸਾ ਬੰਧਹੁ ਜੀਅ ਕਾ ਐਥੈ ਓਥੈ ਨਾਲਿ॥	(ਤੋੱਸਾ) ਖਰਚ	Thosaa Bandhhahu Jeea Kaa Aithhai Outhhai Naal ||	For the journey of the soul, gather those supplies which will go with you here and hereafter.	ਆਪਣੀ ਜਿੰਦ ਵਾਸਤੇ (ਜੀਵਨ-ਸਫ਼ਰ ਦਾ) ਖ਼ਰਚ ਇਕੱਠਾ ਕਰੋ। ਇਹ ਨਾਮ-ਰੂਪ ਸਫ਼ਰ-ਖ਼ਰਚ) ਇਸ ਲੋਕ ਵਿਚ ਤੇ ਪਰਲੋਕ ਵਿਚ (ਜਿੰਦ ਦੇ ਨਾਲ) ਨਿਭਦਾ ਹੈ।
2007	49	ਗੁਰ ਪੂਰੇ ਤੇ ਪਾਈਐ ਅਪਣੀ ਨਦਰਿ ਨਿਹਾਲਿ॥		Gur Poorae Thae Paaeeai Apanee Nadhar Nihaal ||	These are obtained from the Perfect Guru, when God bestows His Glance of Grace.	(ਜਦੋਂ ਪ੍ਰਭੂ) ਆਪਣੀ ਮਿਹਰ ਦੀ ਨਿਗਾਹ ਨਾਲ ਤੱਕਦਾ ਹੈ (ਤਦੋਂ ਇਹ ਨਾਮ-ਤੋਸ਼ਾ) ਪੂਰੇ ਗੁਰੂ ਤੋਂ ਮਿਲਦਾ ਹੈ।
2008	49	ਕਰਮਿ ਪਰਾਪਤਿ ਤਿਸੁ ਹੋਵੈ ਜਿਸ ਨੋ ਹੋਇ ਦਇਆਲੁ॥੧॥	(ਕਰਮਿ) ਕ੍ਰਿਪਾ ਨਾਲ	Karam Paraapath This Hovai Jis No Haae Dhaeiaal ||1||	Those unto whom He is Merciful, receive His Grace. ||1||	ਪ੍ਰਭੂ ਦੀ ਮਿਹਰ ਨਾਲ ਇਹ ਉਸ ਮਨੁੱਖ ਨੂੰ ਪ੍ਰਾਪਤ ਹੁੰਦਾ ਹੈ ਜਿਸ ਉਤੇ ਪ੍ਰਭੂ ਦਇਆਵਾਨ ਹੁੰਦਾ ਹੈ ॥੧॥
2009	49	ਮੇਰੇ ਮਨ ਗੁਰ ਜੇਵਡੁ ਅਵਰੁ ਨ ਕੋਇ॥		Maerae Man Gur Jaevadd Avar N Koe ||	O my mind, there is no other as great as the Guru.	ਹੇ ਮੇਰੇ ਮਨ! ਗੁਰੂ ਜੇਡਾ ਵੱਡਾ (ਉੱਚ ਜੀਵਨ ਵਾਲਾ ਜਗਤ ਵਿਚ) ਹੋਰ ਕੋਈ ਨਹੀਂ ਹੈ।
2010	49	ਦੂਜਾ ਥਾਉ ਨ ਕੋ ਸੁਝੈ ਗੁਰ ਮੇਲੇ ਸਚੁ ਸੋਇ॥੧॥ਰਹਾਉ॥	ਸੁੱਝੈ	Dhoojaa Thhaao N Ko Sujhai Gur Maelae Sach Soe ||1|| Rehaao ||	I cannot imagine any other place. The Guru leads me to meet the True Lord. ||1||Pause||	(ਗੁਰੂ ਤੋਂ ਬਿਨਾ ਮੈਨੂੰ) ਹੋਰ ਕੋਈ ਦੂਜਾ ਆਸਰਾ ਨਹੀਂ ਦਿੱਸਦਾ। (ਪਰ) ਉਹ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਆਪ ਹੀ ਗੁਰੂ ਨੂੰ ਮਿਲਾਂਦਾ ਹੈ ॥੧॥ ਰਹਾਉ ॥

2011	49	ਸਗਲ ਪਦਾਰਥ ਤਿਸੁ ਮਿਲੇ ਜਿਨਿ ਗੁਰੁ ਡਿਠਾ ਜਾਇ॥		Sagal Padhaarathh This Milae Jin Gur Ddithaa Jaae ||	Those who go to see the Guru obtain all treasures.	ਜਿਸ ਮਨੁੱਖ ਨੇ ਜਾ ਕੇ ਗੁਰੂ ਦਾ ਦਰਸ਼ਨ ਕੀਤਾ ਹੈ, ਉਸ ਨੂੰ ਸਾਰੇ (ਕੀਮਤੀ) ਪਦਾਰਥ ਮਿਲ ਗਏ (ਸਮਝੋ)।
2012	49	ਗੁਰ ਚਰਣੀ ਜਿਨ ਮਨੁ ਲਗਾ ਸੇ ਵਡਭਾਗੀ ਮਾਇ॥		Gur Charanee Jin Man Lagaa Sae Vaddabhaagee Maae ||	Those whose minds are attached to the Guru's Feet are very fortunate, O my mother.	ਹੇ ਮਾਂ! ਜਿਨ੍ਹਾਂ ਮਨੁੱਖਾਂ ਦਾ ਮਨ ਗੁਰੂ ਦੇ ਚਰਨਾਂ ਵਿਚ ਜੁੜਦਾ ਹੈ, ਉਹ ਵੱਡੇ ਭਾਗਾਂ ਵਾਲੇ ਹਨ।
2013	49	ਗੁਰੁ ਦਾਤਾ ਸਮਰਥੁ ਗੁਰੁ ਗੁਰੁ ਸਭ ਮਹਿ ਰਹਿਆ ਸਮਾਇ॥	ਸਮਰੱਥੁ	Gur Dhaathaa Samarathh Gur Gur Sabh Mehi Rehiaa Samaae ||	The Guru is the Giver, the Guru is All-powerful. The Guru is All-pervading, contained amongst all.	ਗੁਰੂ (ਉਸ ਪਰਮਾਤਮਾ ਦਾ ਰੂਪ ਹੈ ਜੋ) ਸਭ ਦਾਤਾਂ ਦੇਣ ਵਾਲਾ ਹੈ ਜੋ ਸਭ ਤਰ੍ਹਾਂ ਦੀ ਤਾਕਤ ਦਾ ਮਾਲਕ ਹੈ ਜੋ ਸਭ ਜੀਵਾਂ ਵਿਚ ਵਿਆਪਕ ਹੈ।
2014	49	ਗੁਰੁ ਪਰਮੇਸਰੁ ਪਾਰਬ੍ਰਹਮੁ ਗੁਰੁ ਡੁਬਦਾ ਲਏ ਤਰਾਇ॥੨॥		Gur Paramaesar Paarabreham Gur Ddubadhaa Leae Tharaae ||2||	The Guru is the Transcendent Lord, the Supreme Lord God. The Guru lifts up and saves those who are drowning. ||2||	ਗੁਰੂ ਪਰਮੇਸਰ (ਦਾ ਰੂਪ) ਹੈ, ਗੁਰੂ ਪਾਰਬ੍ਰਹਮ (ਦਾ ਰੂਪ) ਹੈ, ਗੁਰੂ (ਸੰਸਾਰ-ਸਮੁੰਦਰ ਵਿਚ) ਡੁੱਬਦੇ ਜੀਵ ਨੂੰ ਪਾਰ ਲੰਘਾ ਲੈਂਦਾ ਹੈ ॥੨॥
2015	49	ਕਿਤੁ ਮੁਖਿ ਗੁਰੁ ਸਾਲਾਹੀਐ ਕਰਣ ਕਾਰਣ ਸਮਰਥੁ॥		Kith Mukh Gur Saalaaheeai Karan Kaaran Samarathh ||	How shall I praise the Guru, the All-powerful Cause of causes?	ਕੇਹੜੇ ਮੂੰਹ ਨਾਲ ਗੁਰੂ ਦੀ ਵਡਿਆਈ ਕੀਤੀ ਜਾਏ? ਗੁਰੂ (ਉਸ ਪ੍ਰਭੂ ਦਾ ਰੂਪ ਹੈ ਜੋ) ਜਗਤ ਨੂੰ ਪੈਦਾ ਕਰਨ ਦੀ ਤਾਕਤ ਰੱਖਦਾ ਹੈ।

2016	49	ਸੇ ਮਥੇ ਨਿਹਚਲ ਰਹੇ ਜਿਨ ਗੁਰਿ ਧਾਰਿਆ ਹਥੁ॥	ਮੱਥੇ	Sae Mathhae Nihachal Rehae Jin Gur Dhhaariaa Hathh ||	Those, upon whose foreheads the Guru has placed His Hand, remain steady and stable.	ਉਹ ਮੱਥੇ (ਗੁਰੂ-ਚਰਨਾਂ ਵਿਚ) ਸਦਾ ਲਈ ਟਿਕੇ ਰਹਿੰਦੇ ਹਨ, ਜਿਨ੍ਹਾਂ ਉਤੇ ਗੁਰੂ ਨੇ (ਆਪਣੀ ਮਿਹਰ ਦਾ) ਹੱਥ ਰੱਖਿਆ ਹੈ।
2017	49	ਗੁਰਿ ਅੰਮ੍ਰਿਤ ਨਾਮੁ ਪੀਆਲਿਆ ਜਨਮ ਮਰਨ ਕਾ ਪਥੁ॥	ਪਥ:ਪੋਲਾ ਬੋਲੋ। (ਪਥ) ਪ੍ਰਹੇਜ਼	Gur Anmrith Naam Peeaaliaa Janam Maran Kaa Pathh ||	The Guru has led me to drink in the Ambrosial Nectar of the Naam, the Name of the Lord; He has released me from the cycle of birth and death.	(ਪਰਮਾਤਮਾ ਦਾ ਨਾਮ) ਜਨਮ ਮਰਨ ਦੇ ਗੇੜ-ਰੂਪ ਰੋਗ ਦਾ ਪਰਹੇਜ਼ ਹੈ, ਆਤਮਕ ਜੀਵਨ ਦੇਣ ਵਾਲਾ ਇਹ ਨਾਮ-ਜਲ ਜਿਨ੍ਹਾਂ (ਭਾਗਾਂ ਵਾਲਿਆਂ) ਨੂੰ ਗੁਰੂ ਨੇ ਪਿਲਾਇਆ ਹੈ,
2018	49	ਗੁਰੁ ਪਰਮੇਸੁਰੁ ਸੇਵਿਆ ਭੈ ਭੰਜਨੁ ਦੁਖ ਲਥੁ॥੩॥	ਲੱਥੁ	Gur Paramaesar Saeviaa Bhai Bhanjan Dhukh Lathh ||3||	I serve the Guru, the Transcendent Lord, the Dispeller of fear; my suffering has been taken away. ||3||	ਉਹ ਪਰਮੇਸਰ ਦੇ ਰੂਪ ਗੁਰੂ ਨੂੰ, ਸਾਰੇ ਡਰ ਦੂਰ ਕਰਨ ਵਾਲੇ ਗੁਰੂ ਨੂੰ, ਸਾਰੇ ਦੁੱਖ ਨਾਸ ਕਰਨ ਵਾਲੇ ਗੁਰੂ ਨੂੰ ਆਪਣੇ ਹਿਰਦੇ ਵਿਚ ਵਸਾਂਦੇ ਹਨ ॥੩॥
2019	50	ਸਤਿਗੁਰੁ ਗਹਿਰ ਗਭੀਰੁ ਹੈ ਸੁਖਸਾਗਰੁ ਅਘ ਖੰਡੁ॥	(ਗਹਿਰ) ਡੂੰਘੇ। (ਗੰਭੀਰੁ) ਅਥਾਹ। ਅਘ: ਪੋਲਾ ਬੋਲੋ। (ਅਘ) ਪਾਪ (ਖੰਡੁ) ਨਾਸ ਕਰਨ ਵਾਲੇ	Sathigur Gehir Gabheer Hai Sukh Saagar Aghakhandd ||	The True Guru is the Deep and Profound Ocean of Peace, the Destroyer of sin.	ਸਤਿਗੁਰੂ (ਮਾਨੋ, ਇਕ) ਡੂੰਘਾ (ਸਮੁੰਦਰ) ਹੈ, ਗੁਰੂ ਵੱਡੇ ਜਿਗਰੇ ਵਾਲਾ ਹੈ, ਗੁਰੂ ਸਾਰੇ ਸੁਖਾਂ ਦਾ ਸਮੁੰਦਰ ਹੈ, ਗੁਰੂ ਪਾਪਾਂ ਦਾ ਨਾਸ ਕਰਨ ਵਾਲਾ ਹੈ।

2020	50	ਜਿਨਿ ਗੁਰੁ ਸੇਵਿਆ ਆਪਣਾ ਜਮਦੂਤ ਨ ਲਾਗੈ ਡੰਡੁ॥		Jin Gur Saeviaa Aapanaa Jamadhooth N Laagai Ddandd ||	For those who serve their Guru, there is no punishment at the hands of the Messenger of Death.	ਜਿਸ ਮਨੁੱਖ ਨੇ ਆਪਣੇ ਗੁਰੂ ਦੀ ਸੇਵਾ ਕੀਤੀ ਹੈ ਜਮਦੂਤਾਂ ਦਾ ਡੰਡਾ (ਉਸ ਦੇ ਸਿਰ ਉੱਤੇ) ਨਹੀਂ ਵੱਜਦਾ।
2021	50	ਗੁਰ ਨਾਲਿ ਤੁਲਿ ਨ ਲਗਈ ਖੋਜਿ ਡਿਠਾ ਬ੍ਰਹਮੰਡੁ॥		Gur Naal Thul N Lagee Khoj Ddithaa Brehamandd ||	There is none to compare with the Guru; I have searched and looked throughout the entire universe.	ਮੈਂ ਸਾਰਾ ਸੰਸਾਰ ਭਾਲ ਕੇ ਵੇਖ ਲਿਆ ਹੈ, ਕੋਈ ਭੀ ਗੁਰੂ ਦੇ ਬਰਾਬਰ ਦਾ ਨਹੀਂ ਹੈ।
2022	50	ਨਾਮੁ ਨਿਧਾਨੁ ਸਤਿਗੁਰਿ ਦੀਆ ਸੁਖੁ ਨਾਨਕ ਮਨ ਮਹਿ ਮੰਡੁ॥੪॥੨੦॥੯੦॥	(ਮੰਡੁ) ਧਾਰਿਆ	Naam Nidhhaan Sathigur Dheeaa Sukh Naanak Man Mehi Mandd ||4||20||90||	The True Guru has bestowed the Treasure of the Naam, the Name of the Lord. O Nanak, the mind is filled with peace. ||4||20||90||	ਹੇ ਨਾਨਕ! ਸਤਿਗੁਰੂ ਨੇ ਜਿਸ ਮਨੁੱਖ ਨੂੰ ਪਰਮਾਤਮਾ ਦਾ ਨਾਮ-ਖਜ਼ਾਨਾ ਦਿੱਤਾ ਹੈ, ਉਸ ਨੇ ਆਤਮਕ ਆਨੰਦ (ਸਦਾ ਲਈ) ਆਪਣੇ ਮਨ ਵਿਚ ਪਰੋ ਲਿਆ ਹੈ ॥੪॥੨੦॥੯੦॥{49-50}
2023	50	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	

2024	50	ਮਿਠਾ ਕਰਿ ਕੈ ਖਾਇਆ ਕਉੜਾ ਉਪਜਿਆ ਸਾਦੁ॥	ਮਿੱਠਾ	Mithaa Kar Kai Khaaeiaa Kourraa Oupajiaa Saadh ||	People eat what they believe to be sweet, but it turns out to be bitter in taste.	ਜੀਵ ਦੁਨੀਆ ਦੇ ਪਦਾਰਥਾਂ ਨੂੰ ਸੁਆਦਲੇ ਜਾਣ ਕੇ ਖਾਂਦਾ ਵਰਤਦਾ ਹੈ, ਪਰ ਇਹਨਾਂ (ਭੋਗਾਂ) ਦਾ ਸੁਆਦ (ਅੰਤ ਵਿਚ) ਕੌੜਾ (ਦੁਖਦਾਈ) ਸਾਬਤ ਹੁੰਦਾ ਹੈ (ਵਿਕਾਰ ਤੇ ਰੋਗ ਪੈਦਾ ਹੁੰਦੇ ਹਨ)।
2025	50	ਭਾਈ ਮੀਤ ਸੁਰਿਦ ਕੀਏ ਬਿਖਿਆ ਰਚਿਆ ਬਾਦੁ॥	ਸੁ-ਰਿਦ:ਪੋਲਾ ਬੋਲੋ। (ਸੁ-ਰਿਦ) ਪਿਆਰੇ। (ਬਿਖਿਆ) ਵਿਸ਼ੇ ਵਿਕਾਰਾਂ ਮਾਇਆ ਦਾ (ਬਾਦੁ) ਝਗੜਾ	Bhaaee Meeth Suridh Keeeae Bikhiaa Rachiaa Baadh ||	They attach their affections to brothers and friends, uselessly engrossed in corruption.	ਮਨੁੱਖ (ਜਗਤ ਵਿਚ) ਭਰਾ ਮਿੱਤਰ ਦੋਸਤ (ਆਦਿਕ) ਬਣਾਂਦਾ ਹੈ, ਤੇ (ਇਹ) ਮਾਇਆ ਦਾ ਝਗੜਾ ਖੜਾ ਕਰੀ ਰੱਖਦਾ ਹੈ।
2026	50	ਜਾਂਦੇ ਬਿਲਮ ਨ ਹੋਵਈ ਵਿਣੁ ਨਾਵੈ ਬਿਸਮਾਦੁ॥੧॥	(ਬਿਲਮ) ਦੇਰ। (ਬਿਸਮਾਦੁ) ਅਸਚਰਜ	Jaandhae Bilam N Hovee Vin Naavai Bisamaadh ||1||	They vanish without a moment's delay; without God's Name, they are stunned and amazed. ||1||	ਪਰ ਅਸਚਰਜ ਗੱਲ (ਇਹ) ਕਿ ਪਰਮਾਤਮਾ ਦੇ ਨਾਮ ਤੋਂ ਬਿਨਾ ਕਿਸੇ ਭੀ ਚੀਜ਼ ਨੂੰ ਨਾਸ ਹੁੰਦਿਆਂ ਚਿਰ ਨਹੀਂ ਲੱਗਦਾ ॥੧॥
2027	50	ਮੇਰੇ ਮਨ ਸਤਗੁਰ ਕੀ ਸੇਵਾ ਲਾਗੁ॥		Maerae Man Sathagur Kee Saevaa Laag ||	O my mind, attach yourself to the service of the True Guru.	ਹੇ ਮੇਰੇ ਮਨ! ਗੁਰੂ ਦੀ (ਦੱਸੀ ਹੋਈ) ਸੇਵਾ ਵਿਚ ਰੁੱਝਾ ਰਹੁ।
2028	50	ਜੋ ਦੀਸੈ ਸੋ ਵਿਣਸਣਾ ਮਨ ਕੀ ਮਤਿ ਤਿਆਗੁ॥੧॥ਰਹਾਉ ॥	(ਵਿਣਸਣਾ) ਨਾਸਵੰਤ	Jo Dheesai So Vinasanaa Man Kee Math Thiaag ||1|| Rehaao ||	Whatever is seen, shall pass away. Abandon the intellectualizations of your mind. ||1||Pause||	(ਹੇ ਭਾਈ!) ਆਪਣੇ ਮਨ ਦੇ ਪਿੱਛੇ ਤੁਰਨਾ ਛੱਡ ਦੇ ਤੇ (ਦੁਨੀਆ ਦੇ ਪਦਾਰਥਾਂ ਦਾ ਮੋਹ ਤਿਆਗ, ਕਿਉਂਕਿ) ਜੋ ਕੁਝ ਦਿੱਸ ਰਿਹਾ ਹੈ ਸਭ ਨਾਸਵੰਤ ਹੈ ॥੧॥ ਰਹਾਉ ॥

2029	50	ਜਿਉ ਕੂਕਰੁ ਹਰਕਾਇਆ ਧਾਵੈ ਦਹ ਦਿਸ ਜਾਇ॥		Jio Kookar Harakaaeiaa Dhhaavai Dheh Dhis Jaae ||	Like the mad dog running around in all directions,	ਜਿਵੇਂ ਹਲਕਾਇਆ ਕੁੱਤਾ ਦੌੜਦਾ ਹੈ ਤੇ ਹਰ ਪਾਸੇ ਵਲ ਭੱਜਦਾ ਹੈ,
2030	50	ਲੋਭੀ ਜੰਤੁ ਨ ਜਾਣਈ ਭਖੁ ਅਭਖੁ ਸਭ ਖਾਇ॥	(ਅਭੱਖੁ) ਨਾ ਖਾਣ ਯੋਗ ਚੀਜ਼। ਭੱਖੁ	Lobhee Janth N Jaanee Bhakh Abhakh Sabh Khaae ||	The greedy person, unaware, consumes everything, edible and non-edible alike.	(ਤਿਵੇਂ) ਲੋਭੀ ਜੀਵ ਨੂੰ ਭੀ ਕੁਝ ਨਹੀਂ ਸੁੱਝਦਾ, ਚੰਗੀ ਮੰਦੀ ਹਰੇਕ ਚੀਜ਼ ਖਾ ਲੈਂਦਾ ਹੈ।
2031	50	ਕਾਮ ਕ੍ਰੋਧ ਮਦਿ ਬਿਆਪਿਆ ਫਿਰਿ ਫਿਰਿ ਜੋਨੀ ਪਾਇ॥੨॥	ਮਦਿ:ਪੋਲਾ ਬੋਲੋ। (ਮਦਿ) ਨਸ਼ੇ ਚ। (ਬਿਆਪਿਆ) ਖੱਚਤ	Kaam Krodhh Madh Biaapiaa Fir Fir Jonee Paae ||2||	Engrossed in the intoxication of sexual desire and anger, people wander through reincarnation over and over again. ||2||	ਕਾਮ ਦੇ ਤੇ ਕ੍ਰੋਧ ਦੇ ਨਸ਼ੇ ਵਿਚ ਫਸਿਆ ਹੋਇਆ ਮਨੁੱਖ ਮੁੜ ਮੁੜ ਜੂਨਾਂ ਵਿਚ ਪੈਂਦਾ ਰਹਿੰਦਾ ਹੈ ॥੨॥
2032	50	ਮਾਇਆ ਜਾਲੁ ਪਸਾਰਿਆ ਭੀਤਰਿ ਚੋਗ ਬਣਾਇ॥		Maaeiaa Jaal Pasaariaa Bheethar Chog Banaae ||	Maya has spread out her net, and in it, she has placed the bait.	ਮਾਇਆ ਨੇ ਵਿਸ਼ਿਆਂ ਦਾ ਚੋਗਾ ਜਾਲ ਵਿਚ ਤਿਆਰ ਕਰ ਕੇ ਉਹ ਜਾਲ ਖਿਲਾਰਿਆ ਹੋਇਆ ਹੈ,
2033	50	ਤ੍ਰਿਸਨਾ ਪੰਖੀ ਫਾਸਿਆ ਨਿਕਸੁ ਨ ਪਾਏ ਮਾਇ॥		Thrisanaa Pankhee Faasiaa Nikas N Paaeae Maae ||	The bird of desire is caught, and cannot find any escape, O my mother.	ਮਾਇਆ ਦੀ ਤ੍ਰਿਸ਼ਨਾ ਨੇ ਜੀਵ-ਪੰਖੀ ਨੂੰ (ਉਸ ਜਾਲ ਵਿਚ) ਫਸਾਇਆ ਹੋਇਆ ਹੈ। ਹੇ (ਮੇਰੀ) ਮਾਂ! (ਜੀਵ ਉਸ ਜਾਲ ਵਿਚੋਂ) ਖ਼ਲਾਸੀ ਪ੍ਰਾਪਤ ਨਹੀਂ ਕਰ ਸਕਦਾ,

2034	50	ਜਿਨਿ ਕੀਤਾ ਤਿਸਹਿ ਨ ਜਾਣਈ ਫਿਰਿ ਫਿਰਿ ਆਵੈ ਜਾਇ॥੩॥		Jin Keethaa Thisehi N Jaanee Fir Fir Aavai Jaae ||3||	One who does not know the Lord who created him, comes and goes in reincarnation over and over again. ||3||	(ਕਿਉਂਕਿ) ਜਿਸ ਕਰਤਾਰ ਨੇ (ਇਹ ਸਭ ਕੁਝ) ਪੈਦਾ ਕੀਤਾ ਹੈ ਉਸ ਨਾਲ ਸਾਂਝ ਨਹੀਂ ਪਾਂਦਾ, ਤੇ ਮੁੜ ਮੁੜ ਜੰਮਦਾ ਮਰਦਾ ਰਹਿੰਦਾ ਹੈ ॥੩॥
2035	50	ਅਨਿਕ ਪ੍ਰਕਾਰੀ ਮੋਹਿਆ ਬਹੁ ਬਿਧਿ ਇਹੁ ਸੰਸਾਰੁ॥	ਬਿਧਿ: ਪੋਲਾ ਬੋਲੋ	Anik Prakaaree Mohiaa Bahu Bidhh Eihu Sansaar ||	By various devices, and in so many ways, this world is enticed.	ਇਸ ਜਗਤ ਨੂੰ (ਮਾਇਆ ਨੇ) ਅਨੇਕਾਂ ਕਿਸਮਾਂ ਦੇ ਰੂਪਾਂ ਰੰਗਾਂ ਵਿਚ ਕਈ ਤਰੀਕਿਆਂ ਨਾਲ ਮੋਹ ਰੱਖਿਆ ਹੈ।
2036	50	ਜਿਸ ਨੋ ਰਖੈ ਸੋ ਰਹੈ ਸੰਮ੍ਰਿਥੁ ਪੁਰਖੁ ਅਪਾਰੁ॥	ਸੰਮ-ਿ੍ਰਥੁ	Jis No Rakhai So Rehai Sanmrithh Purakh Apaar ||	They alone are saved, whom the All-powerful, Infinite Lord protects.	ਇਸ ਵਿਚੋਂ ਉਹੀ ਬਚ ਸਕਦਾ ਹੈ, ਜਿਸ ਨੂੰ ਸਭ ਸਮਰੱਥਾ ਵਾਲਾ ਬੇਅੰਤ ਅਕਾਲ ਪੁਰਖ ਆਪ ਬਚਾਏ।
2037	50	ਹਰਿ ਜਨ ਹਰਿ ਲਿਵ ਉਧਰੇ ਨਾਨਕ ਸਦ ਬਲਿਹਾਰੁ॥੪॥੨੧॥੯੧॥		Har Jan Har Liv Oudhharae Naanak Sadh Balihaar ||4||21||91||	The servants of the Lord are saved by the Love of the Lord. O Nanak, I am forever a sacrifice to them. ||4||21||91||	(ਪਰਮਾਤਮਾ ਦੀ ਮਿਹਰ ਨਾਲ) ਪਰਮਾਤਮਾ ਦੇ ਭਗਤ ਹੀ ਪਰਮਾਤਮਾ (ਦੇ ਚਰਨਾਂ) ਵਿਚ ਸੁਰਤ ਜੋੜ ਕੇ ਬਚਦੇ ਹਨ। ਹੇ ਨਾਨਕ! ਤੂੰ ਸਦਾ ਉਸ ਪਰਮਾਤਮਾ ਤੋਂ ਸਦਕੇ ਹੋਹੁ ॥੪॥੨੧॥੯੧॥
2038	50	ਸਿਰੀਰਾਗੁ ਮਹਲਾ ੫ ਘਰੁ ੨॥		Sireeraag Mehalaa 5 Ghar 2 ||	Siree Raag, Fifth Mehl, Second House:	

2039	50	ਗੋਇਲਿ ਆਇਆ ਗੋਇਲੀ ਕਿਆ ਤਿਸੁ ਡੰਫੁ ਪਸਾਰੁ॥	(ਗੋਇਲਿ) ਬਰਸਾਤਾਂ ਸਮੇਂ ਡੰਗਰ ਚਾਰਨ ਦੀ ਜਗ੍ਹਾ। (ਗੋਇਲੀ) ਗੁੱਜਰ। (ਡੰਫੁ) ਦਿਖਾਵਾ। (ਪਸਾਰੁ) ਪਸਾਰਾ, ਖਿਲਾਰਾ	Goeil Aaeiaa Goeilee Kiaa This Ddanf Pasaar ||	The herdsman comes to the pasture lands- what good are his ostentatious displays here?	(ਔੜ ਦੇ ਸਮੇਂ ਥੋੜੇ ਦਿਨਾਂ ਲਈ) ਗੁੱਜਰ (ਆਪਣਾ ਮਾਲ-ਡੰਗਰ ਲੈ ਕੇ) ਕਿਸੇ ਚਰਨ ਵਾਲੀ ਥਾਂ ਤੇ ਜਾਂਦਾ ਹੈ, ਉੱਥੇ ਉਸ ਨੂੰ ਆਪਣੇ ਕਿਸੇ ਵਡੱਪਣ ਦਾ ਵਿਖਾਵਾ-ਖਿਲਾਰਾ ਸੋਭਦਾ ਨਹੀਂ।
2040	50	ਮੁਹਲਤਿ ਪੁੰਨੀ ਚਲਣਾ ਤੂੰ ਸੰਮਲੁ ਘਰ ਬਾਰੁ॥੧॥	(ਮੁਹ-ਲਤਿ) ਸਮਾਂ। (ਪੁੰਨੀ) ਪੂਰੀ ਹੋਣ ਤੋਂ। (ਸੰਮਲੁ) ਸੰਭਾਲ	Muhalath Punnee Chalanaa Thoon Sanmal Ghar Baar ||1||	When your allotted time is up, you must go. Take care of your real hearth and home. ||1||	(ਤਿਵੇਂ, ਹੇ ਜੀਵ! ਜਦੋਂ ਤੈਨੂੰ ਇੱਥੇ ਜਗਤ ਵਿਚ ਰਹਿਣ ਲਈ) ਮਿਲਿਆ ਸਮਾ ਮੁੱਕ ਜਾਇਗਾ, ਤੂੰ (ਇਥੋਂ) ਤੁਰ ਪਏਂਗਾ। (ਇਸ ਵਾਸਤੇ ਆਪਣਾ ਅਸਲੀ) ਘਰ ਘਾਟ ਸੰਭਾਲ (ਚੇਤੇ ਰੱਖ) ॥੧॥
2041	50	ਹਰਿ ਗੁਣ ਗਾਉ ਮਨਾ ਸਤਿਗੁਰੁ ਸੇਵਿ ਪਿਆਰਿ॥		Har Gun Gaao Manaa Sathigur Saev Piaar ||	O mind, sing the Glorious Praises of the Lord, and serve the True Guru with love.	ਹੇ ਮੇਰੇ ਮਨ! ਪਰਮਾਤਮਾ ਦੇ ਗੁਣ ਗਾਇਆ ਕਰ। ਪਿਆਰ ਨਾਲ ਗੁਰੂ ਦੀ (ਦੱਸੀ) ਸੇਵਾ ਕਰ।
2042	50	ਕਿਆ ਥੋੜੜੀ ਬਾਤ ਗੁਮਾਨੁ॥੧॥ਰਹਾਉ॥		Kiaa Thhorrarree Baath Gumaan ||1|| Rehaao ||	Why do you take pride in trivial matters? ||1||Pause||	ਥੋੜੀ ਜਿਤਨੀ ਗੱਲ ਪਿੱਛੇ (ਇਸ ਥੋੜੇ ਜਿਹੇ ਜੀਵਨ-ਸਮੇਂ ਵਾਸਤੇ) ਕਿਉਂ ਮਾਣ ਕਰਦਾ ਹੈਂ? ॥੧॥ ਰਹਾਉ ॥

2043	50	ਜੈਸੇ ਰੈਨਿ ਪਰਾਹੁਣੇ ਉਠਿ ਚਲਸਹਿ ਪਰਭਾਤਿ॥	(ਰੈਣਿ) ਰਾਤ। (ਪਰਭਾਤਿ) ਸਵੇਰੇ। ਚਲਸ-ਹਿ	Jaisae Rain Paraahunae Outh Chalasehi Parabhaath ||	Like an overnight guest, you shall arise and depart in the morning.	ਜਿਵੇਂ ਰਾਤ ਵੇਲੇ (ਕਿਸੇ ਘਰ ਆਏ ਹੋਏ) ਪਰਾਹੁਣੇ ਦਿਨ ਚੜ੍ਹਨ ਤੇ (ਉਥੋਂ ਉੱਠ ਕੇ ਚੱਲ ਪੈਣਗੇ (ਤਿਵੇਂ, ਹੇ ਜੀਵ! ਜ਼ਿੰਦਗੀ ਦੀ ਰਾਤ ਮੁੱਕਣ ਤੇ ਤੂੰ ਭੀ ਇਸ ਜਗਤ ਤੋਂ ਚੱਲ ਪਏਂਗਾ)।
2044	50	ਕਿਆ ਤੂੰ ਰਤਾ ਗਿਰਸਤ ਸਿਉ ਸਭ ਫੁਲਾ ਕੀ ਬਾਗਾਤਿ॥੨॥	(ਬਾਗਾਤਿ) ਬਾਗ। (ਰੱਤਾਗਿ) ਰਸਤ ਫੁੱਲਾਂ	Kiaa Thoon Rathaa Girasath Sio Sabh Fulaa Kee Baagaath ||2||	Why are you so attached to your household? It is all like flowers in the garden. ||2||	ਤੂੰ ਇਸ ਗ੍ਰਿਹਸਤ ਨਾਲ (ਬਾਗ ਪਰਵਾਰ ਨਾਲ) ਕਿਉਂ ਮਸਤ ਹੋਇਆ ਪਿਆ ਹੈਂ? ਇਹ ਸਾਰੀ ਫੁੱਲਾਂ ਦੀ ਹੀ ਬਗ਼ੀਚੀ (ਸਮਾਨ) ਹੈ ॥੨॥
2045	50	ਮੇਰੀ ਮੇਰੀ ਕਿਆ ਕਰਹਿ ਜਿਨਿ ਦੀਆ ਸੋ ਪ੍ਰਭੁ ਲੋੜਿ॥		Maeree Maeree Kiaa Karehi Jin Dheeaa So Prabh Lorr ||	Why do you say, ""Mine, mine""? Look to God, who has given it to you.	ਇਹ ਚੀਜ਼ ਮੇਰੀ ਹੈ, ਇਹ ਜਾਇਦਾਦ ਮੇਰੀ ਹੈ-ਕਿਉਂ ਅਜੇਹਾ ਮਾਣ ਕਰ ਰਿਹਾ ਹੈਂ? ਜਿਸ ਪਰਮਾਤਮਾ ਨੇ ਇਹ ਸਭ ਕੁਝ ਦਿੱਤਾ ਹੈ, ਉਸ ਨੂੰ ਲੱਭ।
2046	50	ਸਰਪਰ ਉਠੀ ਚਲਣਾ ਛਡਿ ਜਾਸੀ ਲਖ ਕਰੋੜਿ॥੩॥	(ਸਰਪਰ) ਜ਼ਰੂਰ। ਲੱਖ	Sarapar Outhee Chalanaa Shhadd Jaasee Lakh Karorr ||3||	It is certain that you must arise and depart, and leave behind your hundreds of thousands and millions. ||3||	ਇਥੋਂ ਜ਼ਰੂਰ ਕੂਚ ਕਰ ਜਾਣਾ ਚਾਹੀਦਾ ਹੈ। (ਲੱਖਾਂ ਕ੍ਰੋੜਾਂ ਦਾ ਮਾਲਕ ਭੀ) ਲੱਖਾ ਕ੍ਰੋੜਾਂ ਰੁਪਏ ਛੱਡ ਕੇ ਚਲਾ ਜਾਇਗਾ ॥੩॥

2047	50	ਲਖ ਚਉਰਾਸੀਹ ਭ੍ਰਮਤਿਆ ਦੁਲਭ ਜਨਮੁ ਪਾਇਓਇ॥	(ਦੁ-ਲੱਭ) ਮੁਸ਼ਕਲ ਨਾਲ ਲੱਭਣ ਵਾਲਾ। ਪਾਇਓ-ਇ	Lakh Chouraaseeh Bhramathiaa Dhulabh Janam Paaeioue ||	Through 8.4 million incarnations you have wandered, to obtain this rare and precious human life.	(ਹੇ ਭਾਈ!) ਚੌਰਾਸੀ ਲੱਖ ਜੂਨਾਂ ਵਿਚ ਭੌਂ ਭੌਂ ਕੇ ਤੂੰ ਹੁਣ ਇਹ ਮਨੁੱਖਾ ਜਨਮ ਬੜੀ ਮੁਸ਼ਕਿਲ ਨਾਲ ਲੱਭਾ ਹੈ।
2048	50	ਨਾਨਕ ਨਾਮੁ ਸਮਾਲਿ ਤੂੰ ਸੋ ਦਿਨੁ ਨੇੜਾ ਆਇਓਇ॥੪॥੨੨॥੯੨॥		Naanak Naam Samaal Thoon So Dhin Naerraa Aaeioue ||4||22||92||	O Nanak, remember the Naam, the Name of the Lord; the day of departure is drawing near! ||4||22||92||	ਹੇ ਨਾਨਕ! (ਪਰਮਾਤਮਾ ਦਾ) ਨਾਮ ਹਿਰਦੇ ਵਿਚ ਵਸਾ। ਉਹ ਦਿਨ ਨੇੜੇ ਆ ਰਿਹਾ ਹੈ (ਜਦੋਂ ਇਥੋਂ ਕੂਚ ਕਰਨਾ ਹੈ) ॥੪॥੨੨॥੯੨॥
2049	50	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
2050	50	ਤਿਚਰੁ ਵਸਹਿ ਸੁਹੇਲੜੀ ਜਿਚਰੁ ਸਾਥੀ ਨਾਲਿ॥	(ਤਿੱਚਰੁ) ਤਦੋਂ ਤੱਕ। ਜਿੱਚਰੁ	Thichar Vasehi Suhaelarree Jichar Saathhee Naal ||	As long as the soul-companion is with the body, it dwells in happiness.	ਹੇ ਕਾਂਇਆਂ! ਤੂੰ ਉਤਨਾ ਚਿਰ ਹੀ ਸੁਖੀ ਵੱਸੇਂਗੀ, ਜਿਤਨਾ ਚਿਰ (ਜੀਵਾਤਮਾ ਤੇਰਾ) ਸਾਥੀ (ਤੇਰੇ) ਨਾਲ ਹੈ।
2051	50	ਜਾ ਸਾਥੀ ਉਠੀ ਚਲਿਆ ਤਾ ਧਨ ਖਾਕੂ ਰਾਲਿ॥੧॥	(ਧਨ) ਜੀਵ ਇਸਤਰੀ। (ਖਾਕੂ) ਮਿੱਟੀ ਚ (ਰਾਲਿ) ਰਲ ਗਈ	Jaa Saathhee Outhee Chaliaa Thaa Dhhan Khaakoo Raal ||1||	But when the companion arises and departs, then the body-bride mingles with dust. ||1||	ਜਦੋਂ (ਤੇਰਾ) ਸਾਥੀ (ਜੀਵਾਤਮਾ) ਉੱਠ ਕੇ ਚੱਲ ਪਏਗਾ, ਤਦੋਂ, ਹੇ ਕਾਂਇਆਂ! ਤੂੰ ਮਿੱਟੀ ਵਿਚ ਰਲ ਜਾਇੰਗੀ ॥੧॥

2052	50	ਮਨਿ ਬੈਰਾਗੁ ਭਇਆ ਦਰਸਨੁ ਦੇਖਣੈ ਕਾ ਚਾਉ॥		Man Bairaag Bhaeiaa Dharasan Dhaekhanai Kaa Chaao ||	My mind has become detached from the world; it longs to see the Vision of God's Darshan.	(ਉਹ ਮਨੁੱਖ ਭਾਗਾਂ ਵਾਲਾ ਹੈ ਜਿਸ ਦੇ) ਮਨ ਵਿਚ ਤੇਰਾ ਪਿਆਰ ਪੈਦਾ ਹੋ ਗਿਆ ਹੈਂ, ਜਿਸ ਦੇ ਮਨ ਵਿਚ ਤੇਰੇ ਦਰਸ਼ਨ ਦੀ ਤਾਂਘ ਪੈਦਾ ਹੋਈ ਹੈ।
2053	50	ਧੰਨੁ ਸੁ ਤੇਰਾ ਥਾਨੁ॥੧॥ਰਹਾਉ॥		Dhhann S Thaeraa Thhaan ||1|| Rehaao ||	Blessed is Your Place. ||1||Pause||	(ਹੇ ਹਰੀ!) ਉਹ ਸਰੀਰ ਭਾਗਾਂ ਵਾਲਾ ਹੈ ਜਿਸ ਵਿਚ ਤੇਰਾ ਨਿਵਾਸ ਹੈ (ਜਿੱਥੇ ਤੈਨੂੰ ਯਾਦ ਕੀਤਾ ਜਾ ਰਿਹਾ ਹੈ) ॥੧॥ ਰਹਾਉ ॥
2054	50	ਜਿਚਰੁ ਵਸਿਆ ਕੰਤੁ ਘਰਿ ਜੀਉ ਜੀਉ ਸਭਿ ਕਹਾਤਿ॥	(ਜਿੱਚਰੁ) ਜਦ ਤੱਕ	Jichar Vasiaa Kanth Ghar Jeeo Jeeo Sabh Kehaath ||	As long as the soul-husband dwells in the body-house, everyone greets you with respect.	ਹੇ ਕਾਂਇਆਂ! ਜਿਤਨਾ ਚਿਰ ਤੇਰਾ ਖਸਮ (ਜੀਵਾਤਮਾ ਤੇਰੇ) ਘਰ ਵਿਚ ਵੱਸਦਾ ਹੈ, ਸਾਰੇ ਲੋਕ ਤੈਨੂੰ 'ਜੀ ਜੀ' ਆਖਦੇ ਹਨ (ਸਾਰੇ ਤੇਰਾ ਆਦਰ ਕਰਦੇ ਹਨ)।
2055	50	ਜਾ ਉਠੀ ਚਲਸੀ ਕੰਤੜਾ ਤਾ ਕੋਇ ਨ ਪੁਛੈ ਤੇਰੀ ਬਾਤ॥੨॥		Jaa Outhee Chalasee Kantharraa Thaa Koe N Pushhai Thaeree Baath ||2||	But when the soul-husband arises and departs, then no one cares for you at all. ||2||	ਪਰ ਜਦੋਂ ਨਿਮਾਣਾ ਕੰਤ (ਜੀਵਾਤਮਾ) ਉੱਠ ਕੇ ਤੁਰ ਪਏਗਾ, ਤਦੋਂ ਕੋਈ ਭੀ ਤੇਰੀ ਵਾਤ ਨਹੀਂ ਪੁੱਛਦਾ ॥੨॥

2056	50	ਪੇਈਅੜੈ ਸਹੁ ਸੇਵਿ ਤੂੰ ਸਾਹੁਰੜੈ ਸੁਖਿ ਵਸੁ॥	ਵਸੁ: ਪੋਲਾ ਬੋਲੋ	Paeeearrai Sahu Saev Thoon Saahurarrai Sukh Vas ||	In this world of your parents' home, serve your Husband Lord; in the world beyond, in your in-laws' home, you shall dwell in peace.	(ਹੇ ਜਿੰਦੇ! ਜਿਤਨਾ ਚਿਰ ਤੂੰ) ਪੇਕੇ ਘਰ ਵਿਚ (ਸੰਸਾਰ ਵਿਚ ਹੈਂ, ਉਤਨਾ ਚਿਰ) ਤੂੰ ਖਸਮ-ਪ੍ਰਭੂ ਨੂੰ ਸਿਮਰਦੀ ਰਹੁ। ਸਹੁਰੇ ਘਰ ਵਿਚ (ਪਰਲੋਕ ਵਿਚ ਜਾ ਕੇ) ਤੂੰ ਸੁਖੀ ਵੱਸੇਂਗੀ।
2057	50	ਗੁਰ ਮਿਲਿ ਚਜੁ ਅਚਾਰੁ ਸਿਖੁ ਤੁਧੁ ਕਦੇ ਨ ਲਗੈ ਦੁਖੁ॥੩॥	ਚੱਜੁ	Gur Mil Chaj Achaar Sikh Thudhh Kadhae N Lagai Dhukh ||3||	Meeting with the Guru, be a sincere student of proper conduct, and suffering shall never touch you. ||3||	(ਹੇ ਜਿੰਦੇ!) ਗੁਰੂ ਨੂੰ ਮਿਲ ਕੇ ਜੀਵਨ-ਜਾਚ ਸਿੱਖ, ਚੰਗਾ ਆਚਰਨ ਬਣਾਣਾ ਸਿੱਖ, ਤੈਨੂੰ ਕਦੇ ਕੋਈ ਦੁੱਖ ਨਹੀਂ ਵਿਆਪੇਗਾ ॥੩॥
2058	50	ਸਭਨਾ ਸਾਹੁਰੈ ਵੰਞਣਾ ਸਭਿ ਮੁਕਲਾਵਣਹਾਰ॥	(ਵੰਞਣਾ) ਜਾਣਾ। ਜਮ ਰੂਪੀ ਲਾੜੇ ਨਾਲ (ਮੁਕਲਾਵਣਹਾਰੁ) ਮੁਕਲਾਵੇ ਜਾਣ ਵਾਲੇ	Sabhanaa Saahurai Vannjanaa Sabh Mukalaavanehaar ||	Everyone shall go to their Husband Lord. Everyone shall be given their ceremonial send-off after their marriage.	ਸਭ ਜੀਵ-ਇਸਤ੍ਰੀਆਂ ਨੇ ਸਹੁਰੇ ਘਰ (ਪਰਲੋਕ ਵਿਚ ਆਪੋ ਆਪਣੀ ਵਾਰੀ) ਚਲੇ ਜਾਣਾ ਹੈ, ਸਾਰੀਆਂ ਨੇ ਮੁਕਲਾਵੇ ਜਾਣਾ ਹੈ।
2059	51	ਨਾਨਕ ਧੰਨੁ ਸੋਹਾਗਣੀ ਜਿਨ ਸਹ ਨਾਲਿ ਪਿਆਰੁ॥੪॥੨੩॥੯੩॥		Naanak Dhhann Sohaaganee Jin Seh Naal Piaar ||4||23||93||	O Nanak, blessed are the happy soul-brides, who are in love with their Husband Lord. ||4||23||93||	ਹੇ ਨਾਨਕ! ਉਹ ਉਹ ਜੀਵ-ਇਸਤ੍ਰੀ ਸੁਹਾਗ-ਭਾਗ ਵਾਲੀ ਹੈ ਜਿਨ੍ਹਾਂ ਦਾ ਖਸਮ-ਪ੍ਰਭੂ ਨਾਲ ਪਿਆਰ (ਬਣ ਗਿਆ) ਹੈ ॥੪॥੨੩॥੯੩॥
2060	51	ਸਿਰੀਰਾਗੁ ਮਹਲਾ ੫ ਘਰੁ ੬॥		Sireeraag Mehalaa 5 Ghar 6 ||	Siree Raag, Fifth Mehl, Sixth House:	

2061	51	ਕਰਣ ਕਾਰਣ ਏਕੁ ਓਹੀ ਜਿਨਿ ਕੀਆ ਆਕਾਰੁ॥		Karan Kaaran Eaek Ouhee Jin Keeaa Aakaar ||	The One Lord is the Doer, the Cause of causes, who has created the creation.	ਜਿਸ ਪਰਮਾਤਮਾ ਨੇ ਇਹ ਦਿੱਸਦਾ ਜਗਤ ਬਣਾਇਆ ਹੈ, ਸਿਰਫ਼ ਉਹੀ ਸ੍ਰਿਸ਼ਟੀ ਦਾ ਰਚਣ ਵਾਲਾ ਹੈ।
2062	51	ਤਿਸਹਿ ਧਿਆਵਹੁ ਮਨ ਮੇਰੇ ਸਰਬ ਕੋ ਆਧਾਰੁ॥੧॥		Thisehi Dhhiaavahu Man Maerae Sarab Ko Aadhhaar ||1||	Meditate on the One, O my mind, who is the Support of all. ||1||	ਹੇ ਮੇਰੇ ਮਨ! ਜੋ ਜੀਵਾਂ ਦਾ ਆਸਰਾ ਹੈ, ਉਸੇ ਨੂੰ ਸਦਾ ਸਿਮਰਦਾ ਰਹੁ ॥੧॥
2063	51	ਗੁਰ ਕੇ ਚਰਨ ਮਨ ਮਹਿ ਧਿਆਇ॥		Gur Kae Charan Man Mehi Dhhiaae ||	Meditate within your mind on the Guru's Feet.	(ਹੇ ਭਾਈ!) ਗੁਰੂ ਦੇ ਚਰਨ ਆਪਣੇ ਮਨ ਵਿਚ ਟਿਕਾਈ ਰੱਖ (ਭਾਵ, ਹਉਮੈ ਛੱਡ ਕੇ ਗੁਰੂ ਵਿਚ ਸਰਧਾ ਬਣਾ)।
2064	51	ਛੋਡਿ ਸਗਲ ਸਿਆਣਪਾ ਸਾਚਿ ਸਬਦਿ ਲਿਵ ਲਾਇ॥੧॥ਰਹਾਉ॥		Shhodd Sagal Siaanapaa Saach Sabadh Liv Laae ||1|| Rehaao ||	Give up all your clever mental tricks, and lovingly attune yourself to the True Word of the Shabad. ||1||Pause||	(ਆਪਣੀਆਂ) ਸਾਰੀਆਂ ਚਤੁਰਾਈਆਂ ਛੱਡ ਦੇ। ਗੁਰੂ ਦੇ ਸ਼ਬਦ ਦੀ ਰਾਹੀਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਸੁਰਤ ਜੋੜ ॥੧॥ ਰਹਾਉ ॥
2065	51	ਦੁਖੁ ਕਲੇਸੁ ਨ ਭਉ ਬਿਆਪੈ ਗੁਰ ਮੰਤ੍ਰੁ ਹਿਰਦੈ ਹੋਇ॥		Dhukh Kalaes N Bho Biaapai Gur Manthra Hiradhai Hoe ||	Suffering, agony and fear do not cling to one whose heart is filled with the GurMantra.	ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਦਾ ਉਪਦੇਸ਼ (ਸਦਾ) ਵੱਸਦਾ ਹੈ, ਉਸ ਨੂੰ ਕੋਈ ਦੁੱਖ ਕੋਈ ਕਲੇਸ਼ ਕੋਈ ਡਰ ਪੋਹ ਨਹੀਂ ਸਕਦਾ।

2066	51	ਕੋਟਿ ਜਤਨਾ ਕਰਿ ਰਹੇ ਗੁਰ ਬਿਨੁ ਤਰਿਓ ਨ ਕੋਇ॥੨॥		Kott Jathanaa Kar Rehae Gur Bin Thariou N Koe ||2||	Trying millions of things, people have grown weary, but without the Guru, none have been saved. ||2||	ਲੋਕ ਕ੍ਰੋੜਾਂ (ਹੋਰ ਹੋਰ) ਜਤਨ ਕਰ ਕੇ ਥੱਕ ਜਾਂਦੇ ਹਨ, ਪਰ ਗੁਰੂ (ਦੀ ਸਰਨ) ਤੋਂ ਬਿਨਾ (ਉਹਨਾਂ ਦੁੱਖਾਂ ਕਲੇਸ਼ਾਂ ਤੋਂ) ਕੋਈ ਮਨੁੱਖ ਪਾਰ ਨਹੀਂ ਲੰਘ ਸਕਦਾ ॥੨॥
2067	51	ਦੇਖਿ ਦਰਸਨੁ ਮਨੁ ਸਾਧਾਰੈ ਪਾਪ ਸਗਲੇ ਜਾਹਿ॥	(ਸਾਧਾਰੈ) ਆਸਰੇ ਸਹਿਤ	Dhaekh Dharasan Man Saadhhaarai Paap Sagalae Jaahi ||	Gazing upon the Blessed Vision of the Guru's Darshan, the mind is comforted and all sins depart.	ਗੁਰੂ ਦਾ ਦਰਸ਼ਨ ਕਰ ਕੇ ਜਿਸ ਮਨੁੱਖ ਦਾ ਮਨ (ਗੁਰੂ ਦਾ) ਆਸਰਾ ਫੜ ਲੈਂਦਾ ਹੈ, ਉਸ ਦੇ ਸਾਰੇ (ਪਹਿਲੇ ਕੀਤੇ) ਪਾਪ ਨਾਸ ਹੋ ਜਾਂਦੇ ਹਨ।
2068	51	ਹਉ ਤਿਨ ਕੈ ਬਲਿਹਾਰਣੈ ਜਿ ਗੁਰ ਕੀ ਪੈਰੀ ਪਾਹਿ॥੩॥		Ho Thin Kai Balihaaranai J Gur Kee Pairee Paahi ||3||	I am a sacrifice to those who fall at the Feet of the Guru. ||3||	ਮੈਂ ਉਹਨਾਂ (ਭਾਗਾਂ ਵਾਲੇ) ਬੰਦਿਆਂ ਤੋਂ ਕੁਰਬਾਨ ਹਾਂ ਜਿਹੜੇ ਗੁਰੂ ਦੇ ਚਰਨਾਂ ਤੇ ਢਹਿ ਪੈਂਦੇ ਹਨ ॥੩॥
2069	51	ਸਾਧਸੰਗਤਿ ਮਨਿ ਵਸੈ ਸਾਚੁ ਹਰਿ ਕਾ ਨਾਉ॥		Saadhhasangath Man Vasai Saach Har Kaa Naao ||	In the Saadh Sangat, the Company of the Holy, the True Name of the Lord comes to dwell in the mind.	ਸਾਧ ਸੰਗਤਿ ਵਿਚ ਰਿਹਾਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਨਾਮ ਮਨ ਵਿਚ ਵੱਸ ਪੈਂਦਾ ਹੈ।
2070	51	ਸੇ ਵਡਭਾਗੀ ਨਾਨਕਾ ਜਿਨਾ ਮਨਿ ਇਹੁ ਭਾਉ॥੪॥੨੪॥੯੪॥		Sae Vaddabhaagee Naanakaa Jinaa Man Eihu Bhaao ||4||24||94||	Very fortunate are those, O Nanak, whose minds are filled with this love. ||4||24||94||	ਹੇ ਨਾਨਕ! ਉਹ ਬੰਦੇ ਭਾਗਾਂ ਵਾਲੇ ਹਨ, ਜਿਨ੍ਹਾਂ ਦੇ ਮਨ ਵਿਚ (ਸਾਧ ਸੰਗਤਿ ਵਿਚ ਟਿਕਣ ਦਾ) ਇਹ ਪ੍ਰੇਮ ਹੈ ॥੪॥੨੪॥੯੪॥

2071	51	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
2072	51	ਸੰਚਿ ਹਰਿ ਧਨੁ ਪੂਜਿ ਸਤਿਗੁਰੁ ਛੋਡਿ ਸਗਲ ਵਿਕਾਰ॥		Sanch Har Dhhan Pooj Sathigur Shhodd Sagal Vikaar ||	Gather in the Wealth of the Lord, worship the True Guru, and give up all your corrupt ways.	(ਹੇ ਭਾਈ!) ਪਰਮਾਤਮਾ ਦਾ ਨਾਮ-ਧਨ ਇਕੱਠਾ ਕਰ, ਆਪਣੇ ਗੁਰੂ ਦਾ ਆਦਰ-ਸਤਕਾਰ ਹਿਰਦੇ ਵਿਚ ਵਸਾ (ਤੇ ਇਸ ਤਰ੍ਹਾਂ) ਸਾਰੇ ਵਿਕਾਰ ਛੱਡ।
2073	51	ਜਿਨਿ ਤੂੰ ਸਾਜਿ ਸਵਾਰਿਆ ਹਰਿ ਸਿਮਰਿ ਹੋਇ ਉਧਾਰੁ॥੧॥		Jin Thoon Saaj Savaariaa Har Simar Hoe Oudhhaar ||1||	Meditate in remembrance on the Lord who created and adorned you, and you shall be saved. ||1||	ਜਿਸ ਪਰਮਾਤਮਾ ਨੇ ਤੈਨੂੰ ਪੈਦਾ ਕਰ ਕੇ ਸੋਹਣਾ ਬਣਾਇਆ ਹੈ, ਉਸ ਦਾ ਸਿਮਰਨ ਕਰ, (ਵਿਕਾਰਾਂ ਤੋਂ ਤੇਰਾ) ਬਚਾਉ ਹੋ ਜਾਇਗਾ ॥੧॥
2074	51	ਜਪਿ ਮਨ ਨਾਮੁ ਏਕੁ ਅਪਾਰੁ॥		Jap Man Naam Eaek Apaar ||	O mind, chant the Name of the One, the Unique and Infinite Lord.	ਹੇ ਮਨ! ਉਸ ਪਰਮਾਤਮਾ ਦਾ ਨਾਮ ਜਪ, ਜੋ ਇਕ ਆਪ ਹੀ ਆਪ ਹੈ ਤੇ ਜੋ ਬੇਅੰਤ ਹੈ।
2075	51	ਪ੍ਰਾਨ ਮਨੁ ਤਨੁ ਜਿਨਹਿ ਦੀਆ ਰਿਦੇ ਕਾ ਆਧਾਰੁ॥੧॥ਰਹਾਉ ॥		Praan Man Than Jinehi Dheeaa Ridhae Kaa Aadhhaar ||1|| Rehaao ||	He gave you the praanaa, the breath of life, and your mind and body. He is the Support of the heart. ||1||Pause||	ਜਿਸ ਨੇ ਇਹ ਜਿੰਦ ਦਿੱਤੀ ਹੈ ਮਨ ਦਿੱਤਾ ਹੈ ਤੇ ਸਰੀਰ ਦਿੱਤਾ ਹੈ, ਜੋ ਸਭ ਜੀਵਾਂ ਦੇ ਹਿਰਦੇ ਦਾ ਆਸਰਾ ਹੈ ॥੧॥ ਰਹਾਉ ॥

2076	51	ਕਾਮਿ ਕ੍ਰੋਧਿ ਅਹੰਕਾਰਿ ਮਾਤੇ ਵਿਆਪਿਆ ਸੰਸਾਰੁ॥	(ਮੱਤੇ) ਮਸਤ। ਅਹੰ-ਕਾਰਿ	Kaam Krodhh Ahankaar Maathae Viaapiaa Sansaar ||	The world is drunk, engrossed in sexual desire, anger and egotism.	ਜਿਨ੍ਹਾਂ ਬੰਦਿਆਂ ਉਤੇ ਜਗਤ ਦਾ ਮੋਹ ਦਬਾਉ ਪਾਈ ਰੱਖਦਾ ਹੈ, ਉਹ ਕਾਮ ਵਿਚ ਕ੍ਰੋਧ ਵਿਚ ਅਹੰਕਾਰ ਵਿਚ ਮਸਤ ਰਹਿੰਦੇ ਹਨ।
2077	51	ਪਉ ਸੰਤ ਸਰਣੀ ਲਾਗੁ ਚਰਣੀ ਮਿਟੈ ਦੂਖੁ ਅੰਧਾਰੁ॥੨॥		Po Santh Saranee Laag Charanee Mittai Dhookh Andhhaar ||2||	Seek the Sanctuary of the Saints, and fall at their feet; your suffering and darkness shall be removed. ||2||	(ਇਹਨਾਂ ਵਿਕਾਰਾਂ ਤੋਂ ਬਚਣ ਲਈ, ਹੇ ਭਾਈ!) ਗੁਰੂ ਦੀ ਸਰਨ ਪਉ, ਗੁਰੂ ਦੀ ਚਰਨੀਂ ਲੱਗ (ਗੁਰੂ ਦਾ ਆਸਰਾ ਲਿਆਂ ਅਗਿਆਨਤਾ ਦਾ) ਘੁੱਪ ਹਨੇਰਾ-ਰੂਪ ਦੁੱਖ ਮਿਟ ਜਾਂਦਾ ਹੈ ॥੨॥
2078	51	ਸਤੁ ਸੰਤੋਖੁ ਦਇਆ ਕਮਾਵੈ ਏਹ ਕਰਣੀ ਸਾਰ॥	(ਸਾਰ) ਸ੍ਰੇਸ਼ਟ	Sath Santhokh Dhaeiaa Kamaavai Eaeh Karanee Saar ||	Practice truth, contentment and kindness; this is the most excellent way of life.	(ਜਿਹੜਾ ਭਾਗਾਂ ਵਾਲਾ ਮਨੁੱਖ) ਸੇਵਾ ਸੰਤੋਖ ਦੇ ਦਇਆ (ਦੀ ਕਮਾਈ) ਕਮਾਂਦਾ ਹੈ, ਇਹੋ ਹੀ ਸ੍ਰੇਸ਼ਟ ਕਰਣੀ ਹੈ।
2079	51	ਆਪੁ ਛੋਡਿ ਸਭ ਹੋਇ ਰੇਣਾ ਜਿਸੁ ਦੇਇ ਪ੍ਰਭੁ ਨਿਰੰਕਾਰੁ॥੩॥	(ਰੇਣਾ) ਚਰਨ ਧੂੜ	Aap Shhodd Sabh Hoe Raenaa Jis Dhaee Prabh Nirankaar ||3||	One who is so blessed by the Formless Lord God renounces selfishness, and becomes the dust of all. ||3||	ਜਿਸ (ਭਾਗਾਂ ਵਾਲੇ ਮਨੁੱਖ) ਨੂੰ ਨਿਰੰਕਾਰ ਪ੍ਰਭੂ (ਆਪਣੇ ਨਾਮ ਦੀ ਦਾਤਿ) ਦੇਂਦਾ ਹੈ, ਉਹ ਆਪਾ-ਭਾਵ ਛੱਡ ਕੇ ਸਭ ਦੀ ਚਰਨ-ਧੂੜ ਬਣਦਾ ਹੈ ॥੩॥
2080	51	ਜੋ ਦੀਸੈ ਸੋ ਸਗਲ ਤੂੰਹੈ ਪਸਰਿਆ ਪਾਸਾਰੁ॥		Jo Dheesai So Sagal Thoonhai Pasariaa Paasaar ||	All that is seen is You, Lord, the expansion of the expanse.	ਉਸ ਨੂੰ ਇਹੀ ਸੋਚ ਫੁਰਦੀ ਹੈ ਕਿ ਹਰ ਥਾਂ ਤੂੰ ਹੀ ਤੂੰ ਹੈਂ।ਤੇਰਾ ਹੀ ਖਿਲਾਰਿਆ ਹੋਇਆ ਖਿਲਾਰਾ ਦਿੱਸਦਾ ਹੈ।

2081	51	ਕਹੁ ਨਾਨਕ ਗੁਰਿ ਭਰਮੁ ਕਾਟਿਆ ਸਗਲ ਬ੍ਰਹਮ ਬੀਚਾਰੁ॥੪॥੨੫॥੯੫॥		Kahu Naanak Gur Bharam Kaattiaa Sagal Breham Beechaar ||4||25||95||	Says Nanak, the Guru has removed my doubts; I recognize God in all. ||4||25||95||	ਨਾਨਕ ਆਖਦਾ ਹੈ- ਗੁਰੂ ਨੇ ਜਿਸ ਮਨੁੱਖ ਦੇ ਮਨ ਦੀ ਭਟਕਣਾ ਦੂਰ ਕਰ ਦਿੱਤੀ ਹੈ ਉਸ ਨੂੰ, ਹੇ ਪ੍ਰਭੂ! ਜੇਹੜਾ ਇਹ ਜਗਤ ਦਿੱਸਦਾ ਹੈ ਸਾਰਾ ਤੇਰਾ ਹੀ ਰੂਪ ਦਿੱਸਦਾ ਹੈ ॥੪॥੨੫॥੯੫॥
2082	51	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
2083	51	ਦੁਕ੍ਰਿਤ ਸੁਕ੍ਰਿਤ ਮੰਧੇ ਸੰਸਾਰੁ ਸਗਲਾਣਾ॥	(ਦੁ-ਕ੍ਰਿਤ) ਮਾੜੇ ਕਰਮ। (ਸੁ-ਕ੍ਰਿਤ) ਚੰਗੇ ਕਰਮ। (ਮੰਧੇ) ਵਿੱਚ। (ਸਗਲਾਣਾ) ਸਾਰਾ	Dhukirath Sukirath Mandhhae Sansaar Sagalaanaa ||	The whole world is engrossed in bad deeds and good deeds.	(ਹੇ ਭਾਈ!) ਸਾਰਾ ਜਗਤ (ਸ਼ਾਸਤ੍ਰਾਂ ਅਨੁਸਾਰ ਮਿਥੇ ਹੋਏ) ਮੰਦੇ ਕਰਮਾਂ ਤੇ ਚੰਗੇ ਕਰਮਾਂ (ਦੀ ਵਿਚਾਰ) ਵਿਚ ਹੀ ਰੁੱਝਾ ਹੋਇਆ ਹੈ।
2084	51	ਦੁਹਹੂੰ ਤੇ ਰਹਤ ਭਗਤੁ ਹੈ ਕੋਈ ਵਿਰਲਾ ਜਾਣਾ॥੧॥	ਦੁਹ-ਹੂੰ	Dhuhehoon Thae Rehath Bhagath Hai Koee Viralaa Jaanaa ||1||	God's devotee is above both, but those who understand this are very rare. ||1||	ਪਰਮਾਤਮਾ ਦੀ ਭਗਤੀ ਕਰਨ ਵਾਲਾ ਮਨੁੱਖ ਇਹਨਾਂ ਦੋਹਾਂ ਵਿਚਾਰਾਂ ਤੋਂ ਹੀ ਲਾਂਭੇ ਰਹਿੰਦਾ ਹੈ (ਕਿ ਸ਼ਾਸਤ੍ਰ ਅਨੁਸਾਰ 'ਦੁਕ੍ਰਿਤ' ਕੇਹੜੇ ਹਨ ਤੇ 'ਸੁਕ੍ਰਿਤ' ਕੇਹੜੇ ਹਨ), ਪਰ ਅਜੇਹਾ ਬੰਦਾ ਕੋਈ ਵਿਰਲਾ ਹੀ ਲੱਭਦਾ ਹੈ ॥੧॥
2085	51	ਠਾਕੁਰੁ ਸਰਬੇ ਸਮਾਣਾ॥		Thaakur Sarabae Samaanaa ||	Our Lord and Master is all-pervading everywhere.	ਹੇ ਸੁਆਮੀ! ਤੂੰ ਸਭ ਜੀਵਾਂ ਵਿਚ ਸਮਾਇਆ ਹੋਇਆ ਹੈਂ, ਤੇ ਸਭ ਦਾ ਪਾਲਣ ਵਾਲਾ ਹੈਂ।

2086	51	ਕਿਆ ਕਹਉ ਸੁਣਉ ਸੁਆਮੀ ਤੂੰ ਵਡ ਪੁਰਖੁ ਸੁਜਾਣਾ॥੧॥ਰਹਾਉ॥		Kiaa Keho Suno Suaamee Thoon Vadd Purakh Sujaanaa ||1|| Rehaao ||	What should I say, and what should I hear? O my Lord and Master, You are Great, All-powerful and All-knowing. ||1||Pause||	ਤੂੰ ਸਭ ਤੋਂ ਵੱਡਾ ਹੈਂ, ਸਭ ਵਿਚ ਵਿਆਪਕ ਹੈਂ, ਸਭ ਦੇ ਦਿਲ ਦੀ ਜਾਣਨ ਵਾਲਾ ਹੈਂ, (ਹੇ ਸੁਆਮੀ! ਇਸ ਤੋਂ ਵੱਧ ਤੇਰੀ ਬਾਬਤ) ਮੈਂ (ਹੋਰ ਕੀਹ ਆਖਾਂ ਤੇ ਕੀਹ ਸੁਣਾਂ? ॥੧॥ ਰਹਾਉ ॥
2087	51	ਮਾਨ ਅਭਿਮਾਨ ਮੰਧੇ ਸੋ ਸੇਵਕੁ ਨਾਹੀ॥	(ਮੰਧੇ)ਵਿੱਚ	Maan Abhimaan Mandhhae So Saevak Naahee ||	One who is influenced by praise and blame is not God's servant.	ਜੇਹੜਾ ਬੰਦਾ (ਜਗਤ ਵਲੋਂ ਮਿਲਦੇ) ਆਦਰ ਜਾਂ ਨਿਰਾਦਰੀ (ਦੇ ਅਹਿਸਾਸ) ਵਿਚ ਫਸਿਆ ਰਹਿੰਦਾ ਹੈ, ਉਹ ਪਰਮਾਤਮਾ ਦਾ ਅਸਲ ਸੇਵਕ ਨਹੀਂ (ਅਖਵਾ ਸਕਦਾ)।
2088	51	ਤਤ ਸਮਦਰਸੀ ਸੰਤਹੁ ਕੋਈ ਕੋਟਿ ਮੰਧਾਹੀ॥੨॥	(ਤੱਤ) ਸ਼ੁੱਧ ਬ੍ਰਹਮ। (ਸਮਦਰਸੀ) ਸਮਦ੍ਰਿਸ਼ਟੀ। (ਮੰਧਾਹੀ) ਵਿੱਚ	Thath Samadharasee Santhahu Koee Kott Mandhhaahee ||2||	One who sees the essence of reality with impartial vision, O Saints, is very rare-one among millions. ||2||	ਹੇ ਸੰਤ ਜਨੋ! ਸਭ ਥਾਂ ਜਗਤ ਦੇ ਮੂਲ-ਪ੍ਰਭੂ ਨੂੰ ਵੇਖਣ ਵਾਲਾ ਤੇ ਸਭ ਨੂੰ ਇਕੋ ਜਿਹੀ ਪ੍ਰੇਮ ਦੀ ਨਿਗਾਹ ਨਾਲ ਵੇਖਣ ਵਾਲਾ ਬੰਦਾ ਕ੍ਰੋੜਾਂ ਵਿਚੋਂ ਕੋਈ ਇੱਕ ਹੁੰਦਾ ਹੈ ॥੨॥
2089	51	ਕਹਨ ਕਹਾਵਨ ਇਹੁ ਕੀਰਤਿ ਕਰਲਾ॥	(ਕੀਰਤਿ) ਵਡਿਆਈ। (ਕਰਲਾ) ਰਸਤਾ	Kehan Kehaavan Eihu Keerath Karalaa ||	People talk on and on about Him; they consider this to be praise of God.	(ਗਿਆਨ ਆਦਿਕ ਦੀਆਂ ਗੱਲਾਂ ਨਿਰੀਆਂ) ਆਖਣੀਆਂ ਜਾਂ ਅਖਵਾਣੀਆਂ-ਇਹ ਰਸਤਾ ਹੈ ਦੁਨੀਆ ਤੋਂ ਸੋਭਾ ਖੱਟਣ ਦਾ।

2090	51	ਕਥਨ ਕਹਨ ਤੇ ਮੁਕਤਾ ਗੁਰਮੁਖਿ ਕੋਈ ਵਿਰਲਾ॥੩॥		Kathhan Kehan Thae Mukathaa Guramukh Koee Viralaa ||3||	But rare indeed is the Gurmukh, who is above this mere talk. ||3||	ਗੁਰੂ ਦੀ ਸਰਨ ਪਿਆ ਹੋਇਆ ਕੋਈ ਵਿਰਲਾ ਮਨੁੱਖ ਹੁੰਦਾ ਹੈ ਜੋ (ਗਿਆਨ ਦੀਆਂ ਇਹ ਜ਼ਬਾਨੀ ਜ਼ਬਾਨੀ ਗੱਲਾਂ) ਆਖਣ ਤੋਂ ਆਜ਼ਾਦ ਰਹਿੰਦਾ ਹੈ ॥੩॥
2091	51	ਗਤਿ ਅਵਿਗਤਿ ਕਛੁ ਨਦਰਿ ਨ ਆਇਆ॥	(ਗਤਿ) ਮੁਕਤੀ। (ਅਵਿਗਤਿ) ਬੇਗਤੀ	Gath Avigath Kashh Nadhar N Aaeiaa ||	He is not concerned with deliverance or bondage.	ਉਸ ਨੂੰ ਇਸ ਗੱਲ ਵਲ ਧਿਆਨ ਹੀ ਨਹੀਂ ਹੁੰਦਾ ਕਿ ਮੁਕਤੀ ਕੀਹ ਹੈ ਤੇ ਨਾ-ਮੁਕਤੀ ਕੀਹ ਹੈ।
2092	51	ਸੰਤਨ ਕੀ ਰੇਣੁ ਨਾਨਕ ਦਾਨੁ ਪਾਇਆ॥੪॥੨੬॥੯੬॥		Santhan Kee Raen Naanak Dhaan Paaeiaa ||4||26||96||	Nanak has obtained the gift of the dust of the feet of the Saints. ||4||26||96||	ਹੇ ਨਾਨਕ! ਜਿਸ ਮਨੁੱਖ ਨੇ ਸੰਤ ਜਨਾਂ ਦੇ ਚਰਨਾਂ ਦੀ ਧੂੜ (ਦਾ) ਦਾਨ ਪ੍ਰਾਪਤ ਕਰ ਲਿਆ ਹੈ (ਉਸ ਨੂੰ ਪ੍ਰਭੂ ਹੀ ਹਰ ਥਾਂ ਦਿੱਸਦਾ ਹੈ, ਪ੍ਰਭੂ ਦੀ ਯਾਦ ਹੀ ਉਸ ਦਾ ਨਿਸ਼ਾਨਾ ਹੈ) ॥੪॥੨੬॥੯੬॥
2093	51	ਸਿਰੀਰਾਗੁ ਮਹਲਾ ੫ ਘਰੁ ੭॥		Sireeraag Mehalaa 5 Ghar 7 ||	Siree Raag, Fifth Mehl, Seventh House:	
2094	51	ਤੇਰੈ ਭਰੋਸੈ ਪਿਆਰੇ ਮੈ ਲਾਡ ਲਡਾਇਆ॥		Thaerai Bharosai Piaarae Mai Laadd Laddaaeiaa ||	Relying on Your Mercy, Dear Lord, I have indulged in sensual pleasures.	ਹੇ ਪਿਆਰੇ (ਪ੍ਰਭੂ-ਪਿਤਾ)! ਤੇਰੇ ਪਿਆਰ ਦੇ ਭਰੋਸੇ ਤੇ ਮੈਂ ਲਾਡਾਂ ਵਿਚ ਹੀ ਦਿਨ ਗੁਜ਼ਾਰ ਦਿੱਤੇ ਹਨ।

2095	51	ਭੂਲਹਿ ਚੂਕਹਿ ਬਾਰਿਕ ਤੂੰ ਹਰਿ ਪਿਤਾ ਮਾਇਆ॥੧॥		Bhoolehi Chookehi Baarik Thoon Har Pithaa Maaeiaa ||1||	Like a foolish child, I have made mistakes. O Lord, You are my Father and Mother. ||1||	(ਮੈਨੂੰ ਯਕੀਨ ਹੈ ਕਿ) ਤੂੰ ਸਾਡਾ ਮਾਂ ਪਿਉ ਹੈਂ, ਤੇ ਬੱਚੇ ਭੁੱਲਾਂ ਤੇ ਉਕਾਈਆਂ ਕਰਿਆ ਹੀ ਕਰਦੇ ਹਨ ॥੧॥
2096	51	ਸੁਹੇਲਾ ਕਹਨੁ ਕਹਾਵਨੁ॥	(ਸੁਹੇਲਾ) ਸੌਖਾ	Suhaelaa Kehan Kehaavan ||	It is easy to speak and talk,	(ਇਹ) ਆਖਣਾ ਅਖਵਾਣਾ ਸੌਖਾ ਹੈ (ਕਿ ਅਸੀਂ ਤੇਰਾ ਭਾਣਾ ਮੰਨਦੇ ਹਾਂ)
2097	51	ਤੇਰਾ ਬਿਖਮੁ ਭਾਵਨੁ॥੧॥ਰਹਾਉ॥	(ਭਾਵਨੁ) ਭਾਣਾ ਮੰਨਣਾ	Thaeraa Bikham Bhaavan ||1|| Rehaao ||	But it is difficult to accept Your Will. ||1||Pause||	(ਪਰ) ਹੇ ਪ੍ਰਭੂ! ਤੇਰਾ ਭਾਣਾ ਮੰਨਣਾ (ਤੇਰੀ ਮਰਜ਼ੀ ਵਿਚ ਤੁਰਨਾ) ਔਖਾ ਹੈ ॥੧॥ ਰਹਾਉ ॥
2098	51	ਹਉ ਮਾਣੁ ਤਾਣੁ ਕਰਉ ਤੇਰਾ ਹਉ ਜਾਨਉ ਆਪਾ॥	(ਆਪਾ) ਆਪਣਾ	Ho Maan Thaan Karo Thaeraa Ho Jaano Aapaa ||	I stand tall; You are my Strength. I know that You are mine.	(ਹੇ ਪ੍ਰਭੂ)! ਮੈਂ ਤੇਰਾ (ਹੀ) ਮਾਣ ਕਰਦਾ ਹਾਂ (ਮੈਨੂੰ ਇਹ ਫ਼ਖ਼ਰ ਹੈ ਕਿ ਤੂੰ ਮੇਰੇ ਸਿਰ ਤੇ ਹੈਂ), ਮੈਂ ਤੇਰਾ (ਹੀ) ਆਸਰਾ ਰੱਖਦਾ ਹਾਂ। ਮੈਂ ਜਾਣਦਾ ਹਾਂ ਕਿ ਤੂੰ ਮੇਰਾ ਆਪਣਾ ਹੈਂ।
2099	51	ਸਭ ਹੀ ਮਧਿ ਸਭਹਿ ਤੇ ਬਾਹਰਿ ਬੇਮੁਹਤਾਜ ਬਾਪਾ॥੨॥	ਮਧਿ:ਪੋਲਾ ਬੋਲੋ।(ਮਧਿ) ਵਿੱਚ। (ਬੇਮੁਹਤਾਜ) ਅਧੀਨਗੀ ਰਹਿਤ। ਬਾ-ਹਰਿ	Sabh Hee Madhh Sabhehi Thae Baahar Baemuhathaaj Baapaa ||2||	Inside of all, and outside of all, You are our Self-sufficient Father. ||2||	ਤੂੰ ਸਭ ਜੀਵਾਂ ਦੇ ਅੰਦਰ ਵੱਸਦਾ ਹੈਂ, ਤੇ ਸਭਨਾਂ ਤੋਂ ਬਾਹਰ ਭੀ ਹੈਂ (ਨਿਰਲੇਪ ਭੀ ਹੈਂ) ॥੨॥

2100	51	ਪਿਤਾ ਹਉ ਜਾਨਉ ਨਾਹੀ ਤੇਰੀ ਕਵਨ ਜੁਗਤਾ॥		Pithaa Ho Jaano Naahee Thaeree Kavan Jugathaa ||	O Father, I do not know-how can I know Your Way?	ਹੇ ਪਿਤਾ-ਪ੍ਰਭੂ! ਮੈਨੂੰ ਪਤਾ ਨਹੀਂ ਕਿ ਤੈਨੂੰ ਪ੍ਰਸੰਨ ਕਰਨ ਦਾ ਕੇਹੜਾ ਤਰੀਕਾ ਹੈ।
2101	52	ਬੰਧਨ ਮੁਕਤੁ ਸੰਤਹੁ ਮੇਰੀ ਰਾਖੈ ਮਮਤਾ॥੩॥		Bandhhan Mukath Santhahu Maeree Raakhai Mamathaa ||3||	He frees us from bondage, O Saints, and saves us from possessiveness. ||3||	ਹੇ ਸੰਤ ਜਨੋ! ਪਿਤਾ-ਪ੍ਰਭੂ ਮੈਨੂੰ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਕਰਨ ਵਾਲਾ ਹੈ। ਉਹ ਮੈਨੂੰ ਆਪਣਾ ਜਾਣਦਾ ਹੈ ॥੩॥
2102	52	ਭਏ ਕਿਰਪਾਲ ਠਾਕੁਰ ਰਹਿਓ ਆਵਣ ਜਾਣਾ॥		Bheae Kirapaal Thaakur Rehiou Aavan Jaanaa ||	Becoming Merciful, my Lord and Master has ended my comings and goings in reincarnation.	ਪਾਲਣਹਾਰ ਪ੍ਰਭੂ ਜੀ ਜਿਸ ਮਨੁੱਖ ਉਤੇ ਦਇਆਵਾਨ ਹੁੰਦੇ ਹਨ, ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।
2103	52	ਗੁਰ ਮਿਲਿ ਨਾਨਕ ਪਾਰਬ੍ਰਹਮੁ ਪਛਾਣਾ॥੪॥੨੭॥੯੭॥		Gur Mil Naanak Paarabreham Pashhaanaa ||4||27||97||	Meeting with the Guru, Nanak has recognized the Supreme Lord God. ||4||27||97||	ਹੇ ਨਾਨਕ! ਗੁਰੂ ਨੂੰ ਮਿਲ ਕੇ ਹੀ ਉਹ ਮਨੁੱਖ ਉਸ ਬੇਅੰਤ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ ॥੪॥੨੭॥੯੭॥{51-52}
2104	52	ਸਿਰੀਰਾਗੁ ਮਹਲਾ ੫ ਘਰੁ ੧॥		Sireeraag Mehalaa 5 Ghar 1 ||	Siree Raag, Fifth Mehl, First House:	

2105	52	ਸੰਤ ਜਨਾ ਮਿਲਿ ਭਾਈਆ ਕਟਿਅੜਾ ਜਮਕਾਲੁ॥	ਕੱਟਿ-ਅੜਾ	Santh Janaa Mil Bhaaeeaa Kattiarraa Jamakaal ||	Meeting with the humble beings, O Siblings of Destiny, the Messenger of Death is conquered.	ਸੰਤ ਜਨਾਂ ਭਰਾਵਾਂ ਨੂੰ ਮਿਲ ਕੇ ਉਸ ਦਾ ਆਤਮਕ ਮੌਤ ਦਾ ਖ਼ਤਰਾ ਦੂਰ ਹੋ ਜਾਂਦਾ ਹੈ।
2106	52	ਸਚਾ ਸਾਹਿਬੁ ਮਨਿ ਵੁਠਾ ਹੋਆ ਖਸਮੁ ਦਇਆਲੁ॥	(ਵੁੱਠਾ) ਵਸਿਆ	Sachaa Saahib Man Vuthaa Hoaa Khasam Dhaeiaal ||	The True Lord and Master has come to dwell within my mind; my Lord and Master has become Merciful.	ਖਸਮ-ਪ੍ਰਭੂ ਉਸ ਉਤੇ ਦਇਆਵਾਨ ਹੁੰਦਾ ਹੈ ਤੇ ਸਦਾ-ਥਿਰ ਮਾਲਕ-ਪ੍ਰਭੂ ਉਸ ਦੇ ਮਨ ਵਿਚ ਆ ਵੱਸਦਾ ਹੈ।
2107	52	ਪੂਰਾ ਸਤਿਗੁਰੁ ਭੇਟਿਆ ਬਿਨਸਿਆ ਸਭੁ ਜੰਜਾਲੁ॥੧॥		Pooraa Sathigur Bhaettiaa Binasiaa Sabh Janjaal ||1||	Meeting with the Perfect True Guru, all my worldly entanglements have ended. ||1||	(ਜਿਸ ਮਨੁੱਖ ਨੂੰ) ਪੂਰਾ ਗੁਰੂ ਮਿਲ ਪੈਂਦਾ ਹੈ, ਉਸ ਦਾ ਸਾਰਾ ਮਾਇਆ-ਮੋਹ ਦਾ ਜਾਲ ਨਾਸ ਹੋ ਜਾਂਦਾ ਹੈ ॥੧॥
2108	52	ਮੇਰੇ ਸਤਿਗੁਰਾ ਹਉ ਤੁਧੁ ਵਿਟਹੁ ਕੁਰਬਾਣੁ॥		Maerae Sathiguraa Ho Thudhh Vittahu Kurabaan ||	O my True Guru, I am a sacrifice to You.	ਹੇ ਮੇਰੇ ਸਤਿਗੁਰੂ! ਮੈਂ ਤੈਥੋਂ ਕੁਰਬਾਨ ਜਾਂਦਾ ਹਾਂ।

2109	52	ਤੇਰੇ ਦਰਸਨ ਕਉ ਬਲਿਹਾਰਨੈ ਤੁਸਿ ਦਿਤਾ ਅੰਮ੍ਰਿਤ ਨਾਮੁ॥੧॥ਰਹਾਉ॥	(ਤੁਸਿ) ਪ੍ਰਸੰਨ	Thaerae Dharasan Ko Balihaaranai Thus Dhithaa Anmrith Naam ||1|| Rehaao ||	I am a sacrifice to the Blessed Vision of Your Darshan. By the Pleasure of Your Will, You have blessed me with the Ambrosial Naam, the Name of the Lord. ||1||Pause||	ਮੈਂ ਤੇਰੇ ਦਰਸਨ ਤੋਂ ਸਦਕੇ ਜਾਂਦਾ ਹਾਂ। ਤੂੰ ਪ੍ਰਸੰਨ ਹੋ ਕੇ ਮੈਨੂੰ (ਪ੍ਰਭੂ ਦਾ) ਆਤਮਕ ਜੀਵਨ ਦੇਣ ਵਾਲਾ ਨਾਮ ਬਖ਼ਸ਼ਿਆ ਹੈ ॥੧॥ ਰਹਾਉ ॥
2110	52	ਜਿਨ ਤੂੰ ਸੇਵਿਆ ਭਾਉ ਕਰਿ ਸੇਈ ਪੁਰਖ ਸੁਜਾਨ॥		Jin Thoon Saeviaa Bhaao Kar Saeee Purakh Sujaan ||	Those who have served You with love are truly wise.	(ਹੇ ਪ੍ਰਭੂ!) ਜਿਨ੍ਹਾਂ ਨੇ ਪ੍ਰੇਮ ਨਾਲ ਤੈਨੂੰ ਸਿਮਰਿਆ ਹੈ, ਉਹੀ ਸਿਆਣੇ ਮਨੁੱਖ ਹਨ।
2111	52	ਤਿਨਾ ਪਿਛੈ ਛੁਟੀਐ ਜਿਨ ਅੰਦਰਿ ਨਾਮੁ ਨਿਧਾਨੁ॥	ਪਿੱਛੈ। ਛੁੱਟੀਐ	Thinaa Pishhai Shhutteeai Jin Andhar Naam Nidhhaan ||	Those who have the Treasure of the Naam within emancipate others as well as themselves.	ਜਿਨ੍ਹਾਂ ਦੇ ਹਿਰਦੇ ਵਿਚ (ਤੇਰਾ) ਨਾਮ-ਖ਼ਜ਼ਾਨਾ ਵੱਸਦਾ ਹੈ, ਉਹਨਾਂ ਦੀ ਹੀ ਸਰਨ ਪੈ ਕੇ (ਵਿਕਾਰਾਂ ਤੋਂ) ਬਚ ਜਾਈਦਾ ਹੈ।
2112	52	ਗੁਰ ਜੇਵਡੁ ਦਾਤਾ ਕੋ ਨਹੀ ਜਿਨਿ ਦਿਤਾ ਆਤਮ ਦਾਨੁ॥੨॥		Gur Jaevadd Dhaathaa Ko Nehee Jin Dhithaa Aatham Dhaan ||2||	There is no other Giver as great as the Guru, who has given the gift of the soul. ||2||	(ਪਰ ਨਾਮ ਦੀ ਇਹ ਦਾਤ ਗੁਰੂ ਤੋਂ ਹੀ ਮਿਲਦੀ ਹੈ) ਗੁਰੂ ਜੇਡਾ ਹੋਰ ਦਾਤਾ ਨਹੀਂ ਹੈ ਕਿਉਂਕਿ ਉਸ ਨੇ ਆਤਮਕ ਜੀਵਨ ਦੀ ਦਾਤ ਦਿੱਤੀ ਹੈ ॥੨॥

2113	52	ਆਏ ਸੇ ਪਰਵਾਣੁ ਹਹਿ ਜਿਨ ਗੁਰੁ ਮਿਲਿਆ ਸੁਭਾਇ॥	ਹ-ਹਿ: ਹਹੈ ਨ ਉਚਾਰੋ	Aaeae Sae Paravaan Hehi Jin Gur Miliaa Subhaae ||	Blessed and acclaimed is the coming of those who have met the Guru with loving faith.	ਜਿਨ੍ਹਾਂ ਨੂੰ ਪਿਆਰ ਦੀ ਬਰਕਤਿ ਨਾਲ ਗੁਰੂ ਆ ਮਿਲਦਾ ਹੈ, ਜਗਤ ਵਿਚ ਆਏ ਉਹੀ ਕਬੂਲ ਹਨ।
2114	52	ਸਚੇ ਸੇਤੀ ਰਤਿਆ ਦਰਗਹ ਬੈਸਣੁ ਜਾਇ॥		Sachae Saethee Rathiaa Dharageh Baisan Jaae ||	Attuned to the True One, you shall obtain a place of honor in the Court of the Lord.	(ਗੁਰੂ ਦੀ ਸਹੈਤਾ ਨਾਲ) ਸਦਾ-ਥਿਰ ਪ੍ਰਭੂ (ਦੇ ਨਾਮ) ਨਾਲ ਰੰਗੀਜ ਕੇ ਉਹਨਾਂ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਬੈਠਣ ਨੂੰ ਥਾਂ ਮਿਲ ਜਾਂਦੀ ਹੈ।
2115	52	ਕਰਤੇ ਹਥਿ ਵਡਿਆਈਆ ਪੂਰਬਿ ਲਿਖਿਆ ਪਾਇ॥੩॥		Karathae Hathh Vaddiaaeeaa Poorab Likhiaa Paae ||3||	Greatness is in the Hands of the Creator; it is obtained by pre-ordained destiny. ||3||	(ਪਰ ਇਹ ਸਭ) ਵਡਿਆਈਆਂ ਕਰਤਾਰ ਦੇ (ਆਪਣੇ) ਹੱਥ ਵਿਚ ਹਨ (ਜਿਸ ਉੱਤੇ ਉਹ ਮਿਹਰ ਕਰਦਾ ਹੈ, ਉਹ ਮਨੁੱਖ) ਪਹਿਲੇ ਜਨਮ ਵਿਚ ਕੀਤੀ ਨੇਕ ਕਮਾਈ ਦਾ ਲਿਖਿਆ ਲੇਖ ਪ੍ਰਾਪਤ ਕਰ ਲੈਂਦਾ ਹੈ ॥੩॥
2116	52	ਸਚੁ ਕਰਤਾ ਸਚੁ ਕਰਣਹਾਰੁ ਸਚੁ ਸਾਹਿਬੁ ਸਚੁ ਟੇਕ॥		Sach Karathaa Sach Karanehaar Sach Saahib Sach Ttaek ||	True is the Creator, True is the Doer. True is our Lord and Master, and True is His Support.	ਜਗਤ ਦਾ ਕਰਤਾ ਜੋ ਸਭ ਕੁਝ ਕਰਨ ਦੇ ਸਮਰੱਥ ਹੈ ਤੇ ਸਭ ਦਾ ਮਾਲਕ ਹੈ ਸਦਾ ਹੀ ਕਾਇਮ ਰਹਿਣ ਵਾਲਾ ਹੈ, ਉਹੀ ਸਭ ਦਾ ਸਹਾਰਾ ਹੈ।

2117	52	ਸਚੋ ਸਚੁ ਵਖਾਣੀਐ ਸਚੋ ਬੁਧਿ ਬਿਬੇਕ॥		Sacho Sach Vakhaaneeai Sacho Budhh Bibaek ||	So speak the Truest of the True. Through the True One, an intuitive and discerning mind is obtained.	ਹਰੇਕ ਜੀਵ ਉਸੇ ਨੂੰ ਹੀ ਸਦਾ-ਥਿਰ ਰਹਿਣ ਵਾਲਾ ਆਖਦਾ ਹੈ। ਉਹ ਸਦਾ-ਥਿਰ ਪ੍ਰਭੂ ਹੀ (ਅਸਲੀ ਪਰਖ ਦੀ ਬੁੱਧੀ ਰੱਖਣ ਵਾਲਾ ਹੈ, ਸਭ ਜੀਵਾਂ ਦੇ ਅੰਦਰ ਵਿਆਪਕ ਹੈ।
2118	52	ਸਰਬ ਨਿਰੰਤਰਿ ਰਵਿ ਰਹਿਆ ਜਪਿ ਨਾਨਕ ਜੀਵੈ ਏਕ॥੪॥੨੮॥੯੮॥	(ਨਿਰੰਤਰਿ) ਅੰਦਰ। (ਰਵਿ) ਵਿਆਪਕ	Sarab Niranthar Rav Rehiaa Jap Naanak Jeevai Eaek ||4||28||98||	Nanak lives by chanting and meditating on the One, who is pervading within and contained amongst all. ||4||28||98||	ਹੇ ਨਾਨਕ! ਜੇਹੜਾ ਮਨੁੱਖ ਉਸ ਇਕ ਪ੍ਰਭੂ (ਦਾ ਨਾਮ) ਜਪਦਾ ਹੈ ਉਸ ਨੂੰ ਆਤਮਕ ਜੀਵਨ ਪ੍ਰਾਪਤ ਹੁੰਦਾ ਹੈ ॥੪॥੨੮॥੯੮॥
2119	52	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
2120	52	ਗੁਰੁ ਪਰਮੇਸੁਰੁ ਪੂਜੀਐ ਮਨਿ ਤਨਿ ਲਾਇ ਪਿਆਰੁ॥		Gur Paramaesur Poojeeai Man Than Laae Piaar ||	Worship the Guru, the Transcendent Lord, with your mind and body attuned to love.	ਗੁਰੂ ਪਰਮਾਤਮਾ (ਦਾ ਰੂਪ) ਹੈ (ਗੁਰੂ ਵਾਸਤੇ ਆਪਣੇ) ਮਨ ਵਿਚ ਹਿਰਦੇ ਵਿਚ ਪਿਆਰ ਬਣਾ ਕੇ (ਉਸ ਨੂੰ) ਆਪਣੇ ਹਿਰਦੇ ਵਿਚ ਆਦਰ ਦੀ ਥਾਂ ਦੇਣੀ ਚਾਹੀਦੀ ਹੈ।
2121	52	ਸਤਿਗੁਰੁ ਦਾਤਾ ਜੀਅ ਕਾ ਸਭਸੈ ਦੇਇ ਅਧਾਰੁ॥		Sathigur Dhaathaa Jeea Kaa Sabhasai Dhaee Adhhaar ||	The True Guru is the Giver of the soul; He gives Support to all.	ਗੁਰੂ ਆਤਮਕ ਜੀਵਨ ਦੇਣ ਵਾਲਾ ਹੈ, (ਗੁਰੂ) ਹਰੇਕ (ਸਰਨ ਆਏ) ਜੀਵ ਨੂੰ (ਪਰਮਾਤਮਾ ਦੇ ਨਾਮ ਦਾ) ਆਸਰਾ ਦੇਂਦਾ ਹੈ।

2122	52	ਸਤਿਗੁਰ ਬਚਨ ਕਮਾਵਣੇ ਸਚਾ ਏਹੁ ਵੀਚਾਰੁ॥		Sathigur Bachan Kamaavanae Sachaa Eaehu Veechaar ||	Act according to the Instructions of the True Guru; this is the true philosophy.	ਸਭ ਤੋਂ ਉੱਤਮ ਇਹੀ ਅਕਲ ਹੈ, ਕਿ ਗੁਰੂ ਦੇ ਬਚਨ ਕਮਾਏ ਜਾਣ (ਗੁਰੂ ਦੇ ਉਪਦੇਸ਼ ਅਨੁਸਾਰ ਜੀਵਨ ਘੜਿਆ ਜਾਏ)।
2123	52	ਬਿਨੁ ਸਾਧੂਸੰਗਤਿ ਰਤਿਆ ਮਾਇਆ ਮੋਹੁ ਸਭੁ ਛਾਰੁ॥੧॥	(ਛਾਰੁ) ਸੁਆਹ	Bin Saadhhoo Sangath Rathiaa Maaeiaa Mohu Sabh Shhaar ||1||	Without being attuned to the Saadh Sangat, the Company of the Holy, all attachment to Maya is just dust. ||1||	ਗੁਰੂ ਦੀ ਸੰਗਤਿ ਵਿਚ ਪਿਆਰ ਪਾਣ ਤੋਂ ਬਿਨਾ (ਇਹ) ਮਾਇਆ ਦਾ ਮੋਹ (ਜੋ) ਸਾਰੇ ਦਾ ਸਾਰਾ ਵਿਅਰਥ ਹੈ (ਜੀਵ ਉੱਤੇ ਆਪਣਾ ਜ਼ੋਰ ਪਾਈ ਰੱਖਦਾ ਹੈ) ॥੧॥
2124	52	ਮੇਰੇ ਸਾਜਨ ਹਰਿ ਹਰਿ ਨਾਮੁ ਸਮਾਲਿ॥		Maerae Saajan Har Har Naam Samaal ||	O my friend, reflect upon the Name of the Lord, Har, Har	ਹੇ ਮੇਰੇ ਮਿੱਤਰ! ਪਰਮਾਤਮਾ ਦਾ ਨਾਮ (ਆਪਣੇ) ਹਿਰਦੇ ਵਿਚ ਵਸਾ (ਤੇ ਗੁਰੂ ਦੇ ਚਰਨਾਂ ਵਿਚ ਟਿਕਿਆ ਰਹੁ)।
2125	52	ਸਾਧੂਸੰਗਤਿ ਮਨਿ ਵਸੈ ਪੂਰਨ ਹੋਵੈ ਘਾਲ॥੧॥ਰਹਾਉ॥	(ਘਾਲ) ਮਿਹਨਤ	Saadhhoo Sangath Man Vasai Pooran Hovai Ghaal ||1|| Rehaao ||	. In the Saadh Sangat, He dwells within the mind, and one's works are brought to perfect fruition. ||1||Pause||	ਗੁਰੂ ਦੀ ਸੰਗਿਤ ਵਿਚ ਰਿਹਾਂ (ਪਰਮਾਤਮਾ ਦਾ ਨਾਮ) ਮਨ ਵਿਚ ਵੱਸਦਾ ਹੈ, ਤੇ ਮਿਹਨਤ ਸਫਲ ਹੋ ਜਾਂਦੀ ਹੈ ॥੧॥ ਰਹਾਉ ॥
2126	52	ਗੁਰੁ ਸਮਰਥੁ ਅਪਾਰੁ ਗੁਰੁ ਵਡਭਾਗੀ ਦਰਸਨੁ ਹੋਇ॥	ਸਮਰੱਥੁ	Gur Samarathh Apaar Gur Vaddabhaagee Dharasan Hoe ||	The Guru is All-powerful, the Guru is Infinite. By great good fortune, the Blessed Vision of His Darshan is obtained.	ਗੁਰੂ ਸਭ ਤਾਕਤਾਂ ਦਾ ਮਾਲਕ ਹੈ, ਗੁਰੂ ਬੇਅੰਤ (ਗੁਣਾਂ ਵਾਲਾ) ਹੈ। ਵੱਡੇ ਭਾਗਾਂ ਵਾਲੇ ਮਨੁੱਖ ਨੂੰ (ਹੀ) ਗੁਰੂ ਦਾ ਦਰਸਨ ਪ੍ਰਾਪਤ ਹੁੰਦਾ ਹੈ।

2127	52	ਗੁਰੁ ਅਗੋਚਰੁ ਨਿਰਮਲਾ ਗੁਰ ਜੇਵਡੁ ਅਵਰੁ ਨ ਕੋਇ॥		Gur Agochar Niramalaa Gur Jaevadd Avar N Koe ||	The Guru is Imperceptible, Immaculate and Pure. There is no other as great as the Guru.	ਗੁਰੂ (ਉਸ ਪ੍ਰਭੂ ਦਾ ਰੂਪ ਹੈ ਜੋ) ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਗੁਰੂ ਪਵਿਤ੍ਰ-ਸਰੂਪ ਹੈ, ਗੁਰੂ ਜੇਡਾ ਵੱਡਾ (ਸ਼ਖ਼ਸੀਅਤ ਵਾਲਾ) ਹੋਰ ਕੋਈ ਨਹੀਂ ਹੈ।
2128	52	ਗੁਰੁ ਕਰਤਾ ਗੁਰੁ ਕਰਣਹਾਰੁ ਗੁਰਮੁਖਿ ਸਚੀ ਸੋਇ॥		Gur Karathaa Gur Karanehaar Guramukh Sachee Soe ||	The Guru is the Creator, the Guru is the Doer. The Gurmukh obtains true glory.	ਗੁਰੂ ਕਰਤਾਰ (ਦਾ ਰੂਪ) ਹੈ, ਗੁਰੂ (ਉਸ ਪਰਮਾਤਮਾ ਦਾ ਰੂਪ ਹੈ ਜੋ) ਸਭ ਕੁਝ ਕਰਨ ਦੇ ਸਮਰੱਥ ਹੈ। ਗੁਰੂ ਦੀ ਸਰਨ ਪਿਆਂ ਸਦਾ ਕਾਇਮ ਰਹਿਣ ਵਾਲੀ ਸੋਭਾ ਮਿਲਦੀ ਹੈ।
2129	52	ਗੁਰ ਤੇ ਬਾਹਰਿ ਕਿਛੁ ਨਹੀ ਗੁਰੁ ਕੀਤਾ ਲੋੜੇ ਸੁ ਹੋਇ॥੨॥	ਬਾ-ਹਰਿ: ਹਾਹਾ ਮੁਕਤਾ. ਰਾਰੇ ਸਿਹਾਰੀ ਲਾਉ	Gur Thae Baahar Kishh Nehee Gur Keethaa Lorrae S Hoe ||2||	Nothing is beyond the Guru; whatever He wishes comes to pass. ||2||	ਗੁਰੂ ਤੋਂ ਆਕੀ ਹੋ ਕੇ ਕੋਈ ਕੰਮ ਨਹੀਂ ਕੀਤਾ ਜਾ ਸਕਦਾ। ਜੋ ਕੁਝ ਗੁਰੂ ਕਰਨਾ ਚਾਹੁੰਦਾ ਹੈ ਉਹੀ ਹੁੰਦਾ ਹੈ (ਭਾਵ, ਗੁਰੂ ਉਸ ਪ੍ਰਭੂ ਦਾ ਰੂਪ ਹੈ ਜਿਸ ਤੋਂ ਕੋਈ ਆਕੀ ਨਹੀਂ ਹੋ ਸਕਦਾ, ਤੇ ਜੋ ਕੁਝ ਉਹ ਕਰਨਾ ਲੋੜਦਾ ਹੈ ਉਹੀ ਹੁੰਦਾ ਹੈ) ॥੨॥
2130	52	ਗੁਰੁ ਤੀਰਥੁ ਗੁਰੁ ਪਾਰਜਾਤੁ ਗੁਰੁ ਮਨਸਾ ਪੂਰਣਹਾਰੁ॥	(ਪਾਰਜਾਤੁ)ਕਲਪਬ੍ਰਿਛ	Gur Theerathh Gur Paarajaath Gur Manasaa Pooranehaar ||	The Guru is the Sacred Shrine of Pilgrimage, the Guru is the Wish-fulfilling Elysian Tree.	ਗੁਰੂ (ਹੀ ਅਸਲ) ਤੀਰਥ ਹੈ, ਗੁਰੂ (ਹੀ) ਪਾਰਜਾਤ ਰੁੱਖ ਹੈ, ਗੁਰੂ ਹੀ ਸਾਰੀਆਂ ਕਾਮਨਾਂ ਪੂਰੀਆਂ ਕਰਨ ਵਾਲਾ ਹੈ।

2131	52	ਗੁਰੁ ਦਾਤਾ ਹਰਿ ਨਾਮੁ ਦੇਇ ਉਧਰੈ ਸਭੁ ਸੰਸਾਰੁ॥		Gur Dhaathaa Har Naam Dhaee Oudhharai Sabh Sansaar ||	The Guru is the Fulfiller of the desires of the mind. The Guru is the Giver of the Name of the Lord, by which all the world is saved.	ਗੁਰੂ ਹੀ (ਉਹ) ਦਾਤਾ ਹੈ (ਜੋ) ਪਰਮਾਤਮਾ ਦਾ ਨਾਮ ਦੇਂਦਾ ਹੈ (ਜਿਸ ਦੀ ਬਰਕਤਿ ਨਾਲ) ਸਾਰਾ ਸੰਸਾਰ (ਵਿਕਾਰਾਂ ਤੋਂ) ਬਚਦਾ ਹੈ।
2132	52	ਗੁਰੁ ਸਮਰਥੁ ਗੁਰੁ ਨਿਰੰਕਾਰੁ ਗੁਰੁ ਊਚਾ ਅਗਮ ਅਪਾਰੁ॥	ਸਮਰੱਥੁ।ਅ-ਗਮ: ਪੋਲਾ ਬੋਲੋ	Gur Samarathh Gur Nirankaar Gur Oochaa Agam Apaar ||	The Guru is All-powerful, the Guru is Formless; the Guru is Lofty, Inaccessible and Infinite.	ਗੁਰੂ (ਉਸ ਪਰਮਾਤਮਾ ਦਾ ਰੂਪ ਹੈ ਜੋ) ਸਭ ਤਾਕਤਾਂ ਦਾ ਮਾਲਕ ਹੈ ਜਿਸ ਦਾ ਕੋਈ ਖ਼ਾਸ ਸਰੂਪ ਨਹੀਂ ਦੱਸਿਆ ਜਾ ਸਕਦਾ, ਜੋ ਸਭ ਤੋਂ ਉੱਚਾ ਹੈ, ਅਪਹੁੰਚ ਹੈ ਤੇ ਬੇਅੰਤ ਹੈ।
2133	52	ਗੁਰ ਕੀ ਮਹਿਮਾ ਅਗਮ ਹੈ ਕਿਆ ਕਥੈ ਕਥਨਹਾਰੁ॥੩॥		Gur Kee Mehimaa Agam Hai Kiaa Kathhae Kathhanehaar ||3||	The Praise of the Guru is so sublime-what can any speaker say? ||3||	ਗੁਰੂ ਦੀ ਵਡਿਆਈ ਤਕ (ਲਫ਼ਜ਼ਾਂ ਦੀ ਰਾਹੀਂ) ਪਹੁੰਚਿਆ ਨਹੀਂ ਜਾ ਸਕਦਾ। ਕੋਈ ਭੀ (ਸਿਆਣਾ ਤੋਂ ਸਿਆਣਾ) ਬਿਆਨ ਕਰਨ ਵਾਲਾ ਬਿਆਨ ਨਹੀਂ ਕਰ ਸਕਦਾ ॥੩॥
2134	52	ਜਿਤੜੇ ਫਲ ਮਨਿ ਬਾਛੀਅਹਿ ਤਿਤੜੇ ਸਤਿਗੁਰ ਪਾਸਿ॥		Jitharrae Fal Man Baashheeahi Thitharrae Sathigur Paas ||	All the rewards which the mind desires are with the True Guru.	ਜਿਤਨੇ ਭੀ ਪਦਾਰਥਾਂ ਦੀ ਮਨ ਵਿਚ ਇੱਛਾ ਵਿਚ ਧਾਰੀਏ, ਉਹ ਸਾਰੇ ਹੀ ਗੁਰੂ ਪਾਸੋਂ ਮਿਲ ਜਾਂਦੇ ਹਨ।

2135	52	ਪੂਰਬਿ ਲਿਖੇ ਪਾਵਣੇ ਸਾਚੁ ਨਾਮੁ ਦੇ ਰਾਸਿ॥		Poorab Likhae Paavanae Saach Naam Dhae Raas ||	One whose destiny is so pre-ordained, obtains the Wealth of the True Name.	ਪਹਿਲੇ ਜਨਮ ਵਿਚ ਕੀਤੀ ਨੇਕ ਕਮਾਈ ਦੇ ਲਿਖੇ ਲੇਖ ਅਨੁਸਾਰ (ਗੁਰੂ ਦੀ ਸਰਨ ਪਿਆਂ) ਮਿਲ ਜਾਂਦੇ ਹਨ। ਗੁਰੂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਦਾ ਸਰਮਾਇਆ ਦੇਂਦਾ ਹੈ।
2136	52	ਸਤਿਗੁਰ ਸਰਣੀ ਆਇਆਂ ਬਾਹੁੜਿ ਨਹੀ ਬਿਨਾਸੁ॥	(ਬਿਨਾਸੁ) ਨਾਸ, ਜਨਮ ਮਰਨ	Sathigur Saranee Aaeiaaan Baahurr Nehee Binaas ||	Entering the Sanctuary of the True Guru, you shall never die again.	ਜੇ ਗੁਰੂ ਦੀ ਸਰਨ ਆ ਪਈਏ, ਤਾਂ ਉਸ ਤੋਂ ਮਿਲੇ ਆਤਮਕ ਜੀਵਨ ਦਾ ਮੁੜ ਕਦੇ ਨਾਸ ਨਹੀਂ ਹੁੰਦਾ।
2137	52	ਹਰਿ ਨਾਨਕ ਕਦੇ ਨ ਵਿਸਰਉ ਏਹੁ ਜੀਉ ਪਿੰਡੁ ਤੇਰਾ ਸਾਸੁ॥੪॥੨੯॥੯੯॥	ਵਿਸ-ਰਉ: ਪੋਲਾ ਬੋਲੋ	Har Naanak Kadhae N Visaro Eaehu Jeeo Pindd Thaeraa Saas ||4||29||99||	Nanak: may I never forget You, Lord. This soul, body and breath are Yours. ||4||29||99||	ਹੇ ਨਾਨਕ! (ਆਖ-) ਹੇ ਹਰੀ! (ਗੁਰੂ ਦੀ ਸਰਨ ਪੈ ਕੇ) ਮੈਂ ਤੈਨੂੰ ਕਦੇ ਨਾਹ ਭੁਲਾਵਾਂ। ਮੇਰੀ ਇਹ ਜਿੰਦ ਮੇਰਾ ਇਹ ਸਰੀਰ ਤੇ (ਸਰੀਰ ਵਿਚ ਆਉਂਦਾ) ਸਾਹ ਸਭ ਤੇਰਾ ਹੀ ਦਿੱਤਾ ਹੋਇਆ ਹੈ ॥੪॥੨੯॥੯੯॥
2138	52	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
2139	52	ਸੰਤ ਜਨਹੁ ਸੁਣਿ ਭਾਈਹੋ ਛੂਟਨੁ ਸਾਚੈ ਨਾਇ॥		Santh Janahu Sun Bhaaeeho Shhoottan Saachai Naae ||	O Saints, O Siblings of Destiny, listen: release comes only through the True Name.	ਹੇ ਭਰਾਵੋ! ਹੇ ਸੰਤ ਜਨੋ! (ਧਿਆਨ ਨਾਲ) ਸੁਣੋ। ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜਿਆਂ ਹੀ (ਵਿਕਾਰਾਂ ਤੋਂ) ਖ਼ਲਾਸੀ ਹੁੰਦੀ ਹੈ।

2140	52	ਗੁਰ ਕੇ ਚਰਣ ਸਰੇਵਣੇ ਤੀਰਥ ਹਰਿ ਕਾ ਨਾਉ॥	(ਸਰੇਵਣੇ) ਪੂਜਣੇ	Gur Kae Charan Saraevanae Theerathh Har Kaa Naao ||	Worship the Feet of the Guru. Let the Name of the Lord be your sacred shrine of pilgrimage.	(ਪਰ ਇਹ ਨਾਮ ਗੁਰੂ ਪਾਸੋਂ ਹੀ ਮਿਲ ਸਕਦਾ ਹੈ) ਗੁਰੂ ਦੇ ਚਰਨ ਪੂਜਣੇ (ਭਾਵ, ਹਉਮੈ ਤਿਆਗ ਕੇ ਗੁਰੂ ਦੀ ਸਰਨ ਮਿਲ ਪੈਣਾ, ਤੇ ਗੁਰੂ ਦੇ ਸਨਮੁਖ ਰਹਿ ਕੇ) ਪਰਮਾਤਮਾ ਦਾ ਨਾਮ (ਜਪਣਾ) ਹੀ (ਸਾਰੇ) ਤੀਰਥਾਂ (ਦਾ ਤੀਰਥ) ਹੈ।
2141	52	ਆਗੈ ਦਰਗਹਿ ਮੰਨੀਅਹਿ ਮਿਲੈ ਨਿਥਾਵੇ ਥਾਉ॥੧॥		Aagai Dharagehi Manneeahi Milai Nithhaavae Thhaao ||1||	Hereafter, you shall be honored in the Court of the Lord; there, even the homeless find a home. ||1||	(ਇਸ ਦੀ ਬਰਕਤਿ ਨਾਲ) ਪਰਲੋਕ ਵਿਚ ਪਰਮਾਤਮਾ ਦੀ ਦਰਗਾਹ ਵਿਚ (ਭਾਗਾਂ ਵਾਲੇ ਜੀਵ) ਆਦਰ ਪਾਂਦੇ ਹਨ। ਜਿਸ ਮਨੁੱਖ ਨੂੰ ਹੋਰ ਕਿਤੇ ਭੀ ਆਸਰਾ ਨਹੀਂ ਮਿਲਦਾ, ਉਸ ਨੂੰ (ਪ੍ਰਭੂ ਦੀ ਦਰਗਾਹ ਵਿਚ) ਆਸਰਾ ਮਿਲ ਜਾਂਦਾ ਹੈ ॥੧॥
2142	53	ਭਾਈ ਰੇ ਸਾਚੀ ਸਤਿਗੁਰ ਸੇਵ॥		Bhaaee Rae Saachee Sathigur Saev ||	O Siblings of Destiny, service to the True Guru alone is True.	ਹੇ ਭਾਈ! ਗੁਰੂ ਦੀ ਸੇਵਾ ਜ਼ਰੂਰ ਫਲ ਦੇਂਦੀ ਹੈ,
2143	53	ਸਤਿਗੁਰ ਤੁਠੈ ਪਾਈਐ ਪੂਰਨ ਅਲਖ ਅਭੇਵ॥੧॥ਰਹਾਉ॥	ਤੁੱਠੈ, ਅ-ਲਖ: ਪੋਲਾ ਬੋਲੋ	Sathigur Thuthai Paaeeai Pooran Alakh Abhaev ||1|| Rehaao ||	When the True Guru is pleased, we obtain the Perfect, Unseen, Unknowable Lord. ||1||Pause||	(ਕਿਉਂਕਿ) ਜੇ ਗੁਰੂ ਪ੍ਰਸੰਨ ਹੋ ਪਏ, ਤਾਂ ਉਹ ਪਰਮਾਤਮਾ ਮਿਲ ਪੈਂਦਾ ਹੈ ਜੋ ਸਭ ਵਿਚ ਵਿਆਪਕ ਹੈ ਜੋ ਅਦ੍ਰਿਸ਼ਟ ਹੈ ਅਤੇ ਜਿਸ ਦਾ ਭੇਤ ਨਹੀਂ ਪਾਇਆ ਜਾ ਸਕਦਾ ॥੧॥ ਰਹਾਉ ॥

2144	53	ਸਤਿਗੁਰ ਵਿਟਹੁ ਵਾਰਿਆ ਜਿਨਿ ਦਿਤਾ ਸਚੁ ਨਾਉ॥		Sathigur Vittahu Vaariaa Jin Dhithaa Sach Naao ||	I am a sacrifice to the True Guru, who has bestowed the True Name.	ਹੇ ਭਾਈ! ਮੈਂ ਉਸ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਨੇ (ਮੈਨੂੰ) ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ ਦਿੱਤਾ ਹੈ,
2145	53	ਅਨ ਦਿਨੁ ਸਚੁ ਸਲਾਹਣਾ ਸਚੇ ਕੇ ਗੁਣ ਗਾਉ॥		Anadhin Sach Salaahanaa Sachae Kae Gun Gaao ||	Night and day, I praise the True One; I sing the Glorious Praises of the True One.	(ਜਿਸ ਗੁਰੂ ਦੀ ਕਿਰਪਾ ਨਾਲ) ਮੈਂ ਹਰ ਵੇਲੇ ਸਦਾ-ਥਿਰ ਪਰਮਾਤਮਾ ਨੂੰ ਸਲਾਹੁੰਦਾ ਰਹਿੰਦਾ ਹਾਂ ਅਤੇ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦਾ ਰਹਿੰਦਾ ਹਾਂ।
2146	53	ਸਚੁ ਖਾਣਾ ਸਚੁ ਪੈਨ੍ਣਾ ਸਚੇ ਸਚਾ ਨਾਉ॥੨॥		Sach Khaanaa Sach Painanaa Sachae Sachaa Naao ||2||	True is the food, and true are the clothes, of those who chant the True Name of the True One. ||2||	(ਹੇ ਭਾਈ! ਗੁਰੂ ਦੀ ਮਿਹਰ ਨਾਲ ਹੁਣ) ਸਦਾ-ਥਿਰ ਹਰਿ-ਨਾਮ (ਮੇਰੀ ਆਤਮਕ) ਖ਼ੁਰਾਕ ਬਣ ਗਿਆ ਹੈ, ਸਦਾ-ਥਿਰ ਹਰਿ-ਨਾਮ (ਮੇਰੀ) ਪੋਸ਼ਾਕ ਹੋ ਚੁਕਾ ਹੈ (ਆਦਰ-ਸਤਿਕਾਰ ਦਾ ਕਾਰਨ ਬਣ ਚੁਕਾ ਹੈ), (ਹੁਣ ਮੈਂ) ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦਾ ਸਦਾ-ਥਿਰ ਨਾਮ (ਹਰ ਵੇਲੇ ਜਪਦਾ ਹਾਂ) ॥੨॥
2147	53	ਸਾਸਿ ਗਿਰਾਸਿ ਨ ਵਿਸਰੈ ਸਫਲੁ ਮੂਰਤਿ ਗੁਰੁ ਆਪਿ॥		Saas Giraas N Visarai Safal Moorath Gur Aap ||	With each breath and morsel of food, do not forget the Guru, the Embodiment of Fulfillment.	ਹੇ ਭਾਈ! ਗੁਰੂ ਉਹ ਸ਼ਖ਼ਸੀਅਤ ਹੈ ਜੋ ਸਾਰੇ ਫਲ ਦੇਣ ਦੇ ਸਮਰੱਥ ਹੈ (ਗੁਰੂ ਦੀ ਸਰਨ ਪਿਆਂ ਹਰੇਕ) ਸਾਹ ਨਾਲ (ਹਰੇਕ) ਗਿਰਾਹੀ ਨਾਲ (ਕਦੇ ਭੀ ਪਰਮਾਤਮਾ) ਭੁੱਲਦਾ ਨਹੀਂ।

2148	53	ਗੁਰ ਜੇਵਡੁ ਅਵਰੁ ਨ ਦਿਸਈ ਆਠ ਪਹਰ ਤਿਸੁ ਜਾਪਿ॥	ਦਿਸਈ: ਮਿਲਵਾਂ ਪੋਲਾ ਬੋਲੋ	Gur Jaevadd Avar N Dhisee Aath Pehar This Jaap ||	None is seen to be as great as the Guru. Meditate on Him twenty-four hours a day.	ਹੇ ਭਾਈ! ਗੁਰੂ ਦੇ ਬਰਾਬਰ ਦਾ ਹੋਰ ਕੋਈ (ਦਾਤਾ) ਨਹੀਂ ਦਿੱਸਦਾ, ਅੱਠੇ ਪਹਰ ਉਸ (ਗੁਰੂ ਨੂੰ) ਚੇਤੇ ਰੱਖ।
2149	53	ਨਦਰਿ ਕਰੇ ਤਾ ਪਾਈਐ ਸਚੁ ਨਾਮੁ ਗੁਣਤਾਸਿ॥੩॥		Nadhar Karae Thaa Paaeeai Sach Naam Gunathaas ||3||	As He casts His Glance of Grace, we obtain the True Name, the Treasure of Excellence. ||3||	ਜਦੋਂ ਗੁਰੂ ਮਿਹਰ ਦੀ ਨਿਗਾਹ ਕਰਦਾ ਹੈ, ਤਾਂ ਸਾਰੇ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦਾ ਸਦਾ-ਥਿਰ ਰਹਿਣ ਵਾਲਾ ਨਾਮ ਪ੍ਰਾਪਤ ਹੋ ਜਾਂਦਾ ਹੈ ॥੩॥
2150	53	ਗੁਰੁ ਪਰਮੇਸਰੁ ਏਕੁ ਹੈ ਸਭ ਮਹਿ ਰਹਿਆ ਸਮਾਇ॥		Gur Paramaesar Eaek Hai Sabh Mehi Rehiaa Samaae ||	The Guru and the Transcendent Lord are one and the same, pervading and permeating amongst all.	ਹੇ ਭਾਈ! ਜਿਹੜਾ ਪਰਮਾਤਮਾ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਹੋ ਰਿਹਾ ਹੈ, ਉਹ ਅਤੇ ਗੁਰੂ ਇੱਕ-ਰੂਪ ਹੈ।
2151	53	ਜਿਨ ਕਉ ਪੂਰਬਿ ਲਿਖਿਆ ਸੇਈ ਨਾਮੁ ਧਿਆਇ॥		Jin Ko Poorab Likhiaa Saeee Naam Dhhiaae ||	Those who have such pre-ordained destiny, meditate on the Naam.	ਜਿਨ੍ਹਾਂ ਮਨੁੱਖਾਂ ਦਾ ਪੂਰਬਲੇ ਜਨਮ ਦੀ ਨੇਕ ਕਮਾਈ ਦੇ ਸੰਸਕਾਰਾਂ ਦਾ ਲੇਖਾ ਉੱਘੜਦਾ ਹੈ ਉਹ ਮਨੁੱਖ ਹੀ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਸਿਮਰ ਕੇ (ਇਹ ਸਰਧਾ ਬਣਾਂਦੇ ਹਨ ਕਿ ਪਰਮਾਤਮਾ ਸਭ ਵਿਚ ਵਿਆਪਕ ਹੈ)।

2152	53	ਨਾਨਕ ਗੁਰ ਸਰਣਾਗਤੀ ਮਰੈ ਨ ਆਵੈ ਜਾਇ॥੪॥੩੦॥੧੦੦॥		Naanak Gur Saranaagathee Marai N Aavai Jaae ||4||30||100||	Nanak seeks the Sanctuary of the Guru, who does not die, or come and go in reincarnation. ||4||30||100||	ਹੇ ਨਾਨਕ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਮਨੁੱਖ ਆਤਮਕ ਮੌਤੇ ਨਹੀਂ ਮਰਦਾ, ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ ॥੪॥੩੦॥੧੦੦॥
2153	53	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	
2154	53	ਸਿਰੀਰਾਗੁ ਮਹਲਾ ੧ ਘਰੁ ੧ ਅਸਟਪਦੀਆ॥	ਅਸਟਪਦੀਆਂ: ਸ ਪੈਰ ਬਿੰਦੀ ਨਹੀਂ ਲਾਉਣੀ	Sireeraag Mehalaa 1 Ghar 1 Asattapadheeaa ||	Siree Raag, First Mehl, First House, Ashtapadees:	
2155	53	ਆਖਿ ਆਖਿ ਮਨੁ ਵਾਵਣਾ ਜਿਉ ਜਿਉ ਜਾਪੈ ਵਾਇ॥	ਪਰਮ ਪਿਆਰੇ ਨਾਮ ਜੀ ਨੂੰ ਆਖਿ ਮੁਖ ਦੁਆਰਾ ਆਖਿ ਆਖਿ ਕੇ ਮਨੁ ਨੂੰ (ਵਾਵਣਾ) ਵਰਜਣਾ ਕਰੀਏ	Aakh Aakh Man Vaavanaa Jio Jio Jaapai Vaae ||	I speak and chant His Praises, vibrating the instrument of my mind. The more I know Him, the more I vibrate it.	ਜਿਉਂ ਜਿਉਂ ਕਿਸੇ ਜੀਵ ਨੂੰ (ਪ੍ਰਭੂ ਦੇ ਗੁਣ) ਬੋਲਣ ਦੀ ਸਮਝ ਪੈਂਦੀ ਹੈ (ਤਿਉਂ ਤਿਉਂ ਇਹ ਸਮਝ ਭੀ ਆਉਂਦੀ ਜਾਂਦੀ ਹੈ ਕਿ ਉਸ ਦੇ ਗੁਣ) ਬਿਆਨ ਕਰ ਕਰ ਕੇ ਮਨ ਨੂੰ ਖਪਾਣਾ ਹੀ ਹੈ।

2156	53	ਜਿਸ ਨੋ ਵਾਇ ਸੁਣਾਈਐ ਸੋ ਕੇਵਡੁ ਕਿਤੁ ਥਾਇ॥		Jis No Vaae Sunaaeeai So Kaevadd Kith Thhaae ||	The One, unto whom we vibrate and sing- how great is He, and where is His Place?	ਜਿਸ ਪ੍ਰਭੂ ਨੂੰ ਬੋਲ ਕੇ ਸੁਣਾਈਦਾ ਹੈ (ਭਾਵ, ਜਿਸ ਪ੍ਰਭੂ ਦੇ ਗੁਣਾਂ ਬਾਰੇ ਬੋਲ ਕੇ ਹੋਰਨਾਂ ਨੂੰ ਦੱਸੀਦਾ ਹੈ, ਉਸ ਦੀ ਬਾਬਤ ਇਹ ਤਾਂ ਪਤਾ ਹੀ ਨਹੀਂ ਲੱਗਦਾ ਕਿ) ਉਹ ਕੇਡਾ ਵੱਡਾ ਹੈ ਤੇ ਕਿਸ ਥਾਂ ਤੇ (ਨਿਵਾਸ ਰੱਖਦਾ) ਹੈ।
2157	53	ਆਖਣ ਵਾਲੇ ਜੇਤੜੇ ਸਭਿ ਆਖਿ ਰਹੇ ਲਿਵ ਲਾਇ॥੧॥		Aakhan Vaalae Jaetharrae Sabh Aakh Rehae Liv Laae ||1||	Those who speak of Him and praise Him- they all continue speaking of Him with love. ||1||	ਉਹ ਸਾਰੇ ਬਿਆਨ ਕਰਦੇ ਥੱਕ ਜਾਂਦੇ ਹਨ, (ਗੁਣਾਂ ਵਿਚ) ਸੁਰਤ ਜੋੜਦੇ ਰਹਿ ਜਾਂਦੇ ਹਨ ॥੧॥
2158	53	ਬਾਬਾ ਅਲਹੁ ਅਗਮ ਅਪਾਰੁ॥	ਅੱਲਹੁ। ਅ-ਗਮ: ਪੋਲਾ ਬੋਲੋ	Baabaa Alahu Agam Apaar ||	O Baba, the Lord Allah is Inaccessible and Infinite.	ਹੇ ਭਾਈ! ਪਰਮਾਤਮਾ ਦੇ ਗੁਣਾਂ ਤਕ ਪਹੁੰਚ ਨਹੀਂ ਹੋ ਸਕਦੀ, ਉਸ ਦੇ ਗੁਣਾਂ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ।
2159	53	ਪਾਕੀ ਨਾਈ ਪਾਕ ਥਾਇ ਸਚਾ ਪਰਵਦਿਗਾਰੁ॥੧॥ਰਹਾਉ॥	(ਨਾਈ) ਮਹਿਮਾ। ਨਾਈ: ਨੰਨੇ ਪੈਰ ਹਲੰਤ ਨਹੀਂ ਲਾਉਣਾ ਭਾਵ ਨੰਨਾ ਭਾਰਾ ਨਹੀਂ ਕਰਨਾ। ਪੱਾਕੀ। ਪਰ-ਵਦਿ-ਗਾਰੁ	Paakee Naaee Paak Thhaae Sachaa Paravadhigaar ||1|| Rehaao ||	Sacred is His Name, and Sacred is His Place. He is the True Cherisher. ||1||Pause||	ਉਸ ਦੀ ਵਡਿਆਈ ਪਵਿਤ੍ਰ ਹੈ, ਉਹ ਪਵਿਤ੍ਰ ਅਸਥਾਨ ਤੇ (ਸੋਭ ਰਿਹਾ) ਹੈ। ਉਹ ਸਦਾ ਕਾਇਮ ਰਹਿਣ ਵਾਲਾ ਪ੍ਰਭੂ (ਸਭ ਜੀਵਾਂ ਦਾ) ਪਾਲਣ ਵਾਲਾ ਹੈ ॥੧॥ ਰਹਾਉ ॥

2160	53	ਤੇਰਾ ਹੁਕਮੁ ਨ ਜਾਪੀ ਕੇਤੜਾ ਲਿਖਿ ਨ ਜਾਣੈ ਕੋਇ॥	ਕੇੱਤੜਾ	Thaeraa Hukam N Jaapee Kaetharraa Likh N Jaanai Koe ||	The extent of Your Command cannot be seen; no one knows how to write it.	ਹੇ ਪ੍ਰਭੂ! ਕਿਸੇ ਨੂੰ ਭੀ ਇਹ ਸਮਝ ਨਹੀਂ ਪਈ, ਕਿ ਤੇਰਾ ਹੁਕਮ ਕਿਤਨਾ ਅਟੱਲ ਹੈ, ਕੋਈ ਭੀ ਤੇਰੇ ਹੁਕਮ ਨੂੰ ਬਿਆਨ ਨਹੀਂ ਕਰ ਸਕਦਾ।
2161	53	ਜੇ ਸਉ ਸਾਇਰ ਮੇਲੀਅਹਿ ਤਿਲੁ ਨ ਪੁਜਾਵਹਿ ਰੋਇ॥		Jae So Saaeir Maeleeahi Thil N Pujaavehi Roe ||	Even if a hundred poets met together, they could not describe even a tiny bit of it.	ਜੇ ਸੌ ਕਵੀ ਭੀ ਇਕੱਠੇ ਕਰ ਲਏ ਜਾਣ, ਤਾਂ ਭੀ ਉਹ ਬਿਆਨ ਕਰਨ ਦਾ ਵਿਅਰਥ ਜਤਨ ਕਰ ਕੇ ਤੇਰੇ ਗੁਣਾਂ ਦੇ ਇਕ ਤਿਲ ਮਾਤ੍ਰ ਤਕ ਨਹੀਂ ਪਹੁੰਚ ਸਕਦੇ।
2162	53	ਕੀਮਤਿ ਕਿਨੈ ਨ ਪਾਈਆ ਸਭਿ ਸੁਣਿ ਸੁਣਿ ਆਖਹਿ ਸੋਇ॥੨॥		Keemath Kinai N Paaeeaa Sabh Sun Sun Aakhehi Soe ||2||	No one has found Your Value; they all merely write what they have heard again and again. ||2||	ਕਿਸੇ ਭੀ ਜੀਵ ਨੇ ਤੇਰਾ ਮੁੱਲ ਨਹੀਂ ਪਾਇਆ, ਸਾਰੇ ਜੀਵ ਤੇਰੀ ਬਾਬਤ (ਦੂਜਿਆਂ ਤੋਂ) ਸੁਣ ਸੁਣ ਕੇ ਹੀ ਆਖ ਦੇਂਦੇ ਹਨ ॥੨॥
2163	53	ਪੀਰ ਪੈਕਾਮਰ ਸਾਲਕ ਸਾਦਕ ਸੁਹਦੇ ਅਉਰੁ ਸਹੀਦ॥	(ਸਾਲਕ) ਗਿਆਨਵਾਨ। (ਸਾਦਕ) ਸਿਦਕ ਵਾਲੇ ਸੇਵਕ। (ਸੁਹਦੇ) ਗ਼ੀਬ	Peer Paikaamar Saalak Saadhak Suhadhae Aour Seheedh ||	The Pirs, the Prophets, the spiritual teachers, the faithful, the innocents and the martyrs,	(ਦੁਨੀਆ ਤੇ) ਅਨੇਕਾਂ ਪੀਰ ਪੈਗ਼ੰਬਰ, ਹੋਰਨਾਂ ਨੂੰ ਜੀਵਨ-ਰਾਹ ਦੱਸਣ ਵਾਲੇ,
2164	53	ਸੇਖ ਮਸਾਇਕ ਕਾਜੀ ਮੁਲਾ ਦਰਿ ਦਰਵੇਸ ਰਸੀਦ॥	(ਮਸਾਇਕ) ਮਿਹਨਤ ਕਰਨ ਵਾਲੇ। (ਰਸੀਦ) ਪਹੁੰਚੇ ਹੋਏ। ਮੁੱਲਾਂ	Saekh Masaaeik Kaajee Mulaa Dhar Dharavaes Raseedh ||	The Shaikhs, the mystics, the Qazis, the Mullahs and the Dervishes at His Door	ਅਨੇਕਾਂ, ਸ਼ੇਖ਼, ਕਾਜ਼ੀ, ਮੁੱਲਾਂ ਅਤੇ ਤੇਰੇ ਦਰਵਾਜ਼ੇ ਤਕ ਪਹੁੰਚੇ ਹੋਏ ਦਰਵੇਸ਼ ਆਏ।

2165	53	ਬਰਕਤਿ ਤਿਨ ਕਉ ਅਗਲੀ ਪੜਦੇ ਰਹਨਿ ਦਰੂਦ॥੩॥	ਦਰੂਦ ਸਨਮੁਖ ਪ੍ਰੇਮ ਬੇਨਤੀਆਂ ਦੇ ਸਬਦ ਪੜ੍ਹਨੇ। ਬਰ-ਕਤਿ	Barakath Thin Ko Agalee Parradhae Rehan Dharoodh ||3||	-they are blessed all the more as they continue reading their prayers in praise to Him. ||3||	(ਕਿਸੇ ਨੇ, ਹੇ ਪ੍ਰਭੂ! ਤੇਰੇ ਗੁਣਾਂ ਦਾ ਅੰਤ ਨ ਲੱਭਾ, ਹਾਂ ਸਿਰਫ਼) ਉਹਨਾਂ ਨੂੰ ਬਹੁਤ ਬਰਕਤਿ ਮਿਲੀ (ਉਹਨਾਂ ਦੇ ਹੀ ਭਾਗ ਜਾਗੇ) ਜੋ (ਤੇਰੇ ਦਰ ਤੇ) ਦੁਆ (ਅਰਜ਼ੋਈ) ਕਰਦੇ ਰਹਿੰਦੇ ਹਨ ॥੩॥
2166	53	ਪੁਛਿ ਨ ਸਾਜੇ ਪੁਛਿ ਨ ਢਾਹੇ ਪੁਛਿ ਨ ਦੇਵੈ ਲੇਇ॥		Pushh N Saajae Pushh N Dtaahae Pushh N Dhaevai Laee ||	He seeks no advice when He builds; He seeks no advice when He destroys. He seeks no advice while giving or taking.	ਪ੍ਰਭੂ ਇਹ ਜਗਤ ਨਾਹ ਕਿਸੇ ਪਾਸੋਂ ਸਲਾਹ ਲੈ ਕੇ ਬਣਾਂਦਾ ਹੈ ਨਾਹ ਹੀ ਪੁੱਛ ਕੇ ਨਾਸ ਕਰਦਾ ਹੈ, ਨਾਹ ਹੀ ਕਿਸੇ ਦੀ ਸਲਾਹ ਨਾਲ ਸਰੀਰ ਵਿਚ ਜਿੰਦ ਪਾਂਦਾ ਹੈ ਨਾਹ ਕੱਢਦਾ ਹੈ।
2167	53	ਆਪਣੀ ਕੁਦਰਤਿ ਆਪੇ ਜਾਣੈ ਆਪੇ ਕਰਣੁ ਕਰੇਇ॥		Aapanee Kudharath Aapae Jaanai Aapae Karan Karaee ||	He alone knows His Creative Power; He Himself does all deeds.	ਪਰਮਾਤਮਾ ਆਪਣੀ ਕੁਦਰਤਿ ਆਪ ਹੀ ਜਾਣਦਾ ਹੈ, ਆਪ ਹੀ ਇਹ ਜਗਤ-ਰਚਨਾ ਰਚਦਾ ਹੈ।
2168	53	ਸਭਨਾ ਵੇਖੈ ਨਦਰਿ ਕਰਿ ਜੈ ਭਾਵੈ ਤੈ ਦੇਇ॥੪॥		Sabhanaa Vaekhai Nadhar Kar Jai Bhaavai Thai Dhaee ||4||	He beholds all in His Vision. He gives to those with whom He is pleased. ||4||	ਮਿਹਰ ਦੀ ਨਿਗਾਹ ਕਰ ਕੇ ਸਭ ਜੀਵਾਂ ਦੀ ਸੰਭਾਲ ਆਪ ਹੀ ਕਰਦਾ ਹੈ, ਜੋ ਉਸ ਨੂੰ ਭਾਉਂਦਾ ਹੈ ਉਸ ਨੂੰ (ਆਪਣੇ ਗੁਣਾਂ ਦੀ ਕਦਰ) ਬਖ਼ਸ਼ਦਾ ਹੈ ॥੪॥

2169	53	ਥਾਵਾ ਨਾਵ ਨ ਜਾਣੀਅਹਿ ਨਾਵਾ ਕੇਵਡੁ ਨਾਉ॥	ਸਭ ਦੇ ਵਸਣ ਦੇ (ਥਾਵਾ) ਅਸਥਾਨ ਵਾਹਿਗੁਰੂ ਜੀ ਦੇ (ਨਾਵ) ਨਾਮ ਨਹੀਂ ਜਾਣੀਦੇ ਕਿਤਨੇ ਕੁ ਹਨ। ਯਥਾ:ਤੇਰੇ ਨਾਮ ਅਨੇਕਾ. ਰੂਪ ਅਨੰਤਾ; ਕਹਣੁ ਨ ਜਾਹੀ. ਤੇਰੇ ਗੁਣ ਕੇਤੇ॥ ਪਾਪੀਆਂ ਨੂੰ ਤਾਰਨ ਲਈ (ਨਾਵਾ) ਨੌਕਾ ਰੂਪ ਨਾਉ ਨਾਮ ਜੀ ਕਿੱਡੇ ਕੁ ਵੱਡੇ ਹਨ? ਥਾਵਾ: ਬਿੰਦੀ ਨ ਲਾਉ	Thhaavaa Naav N Jaaneeahi Naavaa Kaevadd Naao ||	His Place and His Name are not known, no one knows how great is His Name.	(ਬੇਅੰਤ ਪੁਰੀਆਂ ਧਰਤੀਆਂ ਆਦਿਕ ਹਨ। ਇਤਨੀ ਬੇਅੰਤ ਰਚਨਾ ਹੈ ਕਿ) ਸਭ ਥਾਵਾਂ ਦੇ (ਪਦਾਰਥਾਂ ਦੇ) ਨਾਮ ਜਾਣੇ ਨਹੀਂ ਜਾ ਸਕਦੇ। ਬੇਅੰਤ ਨਾਮਾਂ ਵਿਚੋਂ ਉਹ ਕੇਹੜਾ ਨਾਮ ਹੋ ਸਕਦਾ ਹੈ ਜੋ ਇਤਨਾ ਵੱਡਾ ਹੋਵੇ ਕਿ ਪਰਮਾਤਮਾ ਦੇ ਅਸਲ ਵਡੱਪਣ ਨੂੰ ਬਿਆਨ ਕਰ ਸਕੇ?-ਇਹ ਹੱਲ ਕੋਈ ਨਹੀਂ ਦੱਸ ਸਕਦਾ।
2170	53	ਜਿਥੈ ਵਸੈ ਮੇਰਾ ਪਾਤਿਸਾਹੁ ਸੋ ਕੇਵਡੁ ਹੈ ਥਾਉ॥		Jithhai Vasai Maeraa Paathisaahu So Kaevadd Hai Thhaao ||	How great is that place where my Sovereign Lord dwells?	ਇਹ ਭੀ ਨਹੀਂ ਦੱਸਿਆ ਜਾ ਸਕਦਾ ਕਿ ਜਿੱਥੇ ਸ੍ਰਿਸ਼ਟੀ ਦਾ ਪਾਤਿਸ਼ਾਹ ਪ੍ਰਭੂ ਵੱਸਦਾ ਹੈ ਉਹ ਥਾਂ ਕੇਡਾ ਵੱਡਾ ਹੈ।
2171	53	ਅੰਬੜਿ ਕੋਇ ਨ ਸਕਈ ਹਉ ਕਿਸ ਨੋ ਪੁਛਣਿ ਜਾਉ॥੫॥		Anbarr Koe N Sakee Ho Kis No Pushhan Jaao ||5||	No one can reach it; whom shall I go and ask? ||5||	ਕਿਸੇ ਪਾਸੋਂ ਭੀ ਇਹ ਪੁੱਛ ਪੁੱਛੀ ਨਹੀਂ ਜਾ ਸਕਦੀ, ਕਿਉਂਕਿ ਕੋਈ ਜੀਵ ਉਸ ਅਵਸਥਾ ਤੇ ਪਹੁੰਚ ਨਹੀਂ ਸਕਦਾ (ਜਿੱਥੋਂ ਉਹ ਪਰਮਾਤਮਾ ਦੀ ਬਜ਼ੁਰਗੀ ਸਹੀ ਸਹੀ ਦੱਸ ਸਕੇ) ॥੫॥

2172	53	ਵਰਨਾ ਵਰਨ ਨ ਭਾਵਨੀ ਜੇ ਕਿਸੈ ਵਡਾ ਕਰੇਇ॥	ਕਰੇ-ਇ	Varanaa Varan N Bhaavanee Jae Kisai Vaddaa Karaee ||	One class of people does not like the other, when one has been made great.	(ਇਹ ਭੀ ਨਹੀਂ ਕਿਹਾ ਜਾ ਸਕਦਾ ਕਿ) ਪਰਮਾਤਮਾ ਨੂੰ ਫਲਾਣੀ ਉੱਚੀ ਜਾਂ ਨੀਵੀਂ ਜਾਤਿ ਭਾਉਂਦੀ ਹੈ ਜਾਂ ਨਹੀਂ ਭਾਉਂਦੀ ਤੇ ਇਸ ਤਰ੍ਹਾਂ ਉਹ ਕਿਸੇ ਇੱਕ ਜਾਤਿ ਨੂੰ ਉੱਚਾ ਕਰ ਦੇਂਦਾ ਹੈ।
2173	53	ਵਡੇ ਹਥਿ ਵਡਿਆਈਆ ਜੈ ਭਾਵੈ ਤੈ ਦੇਇ॥		Vaddae Hathh Vaddiaaeeaa Jai Bhaavai Thai Dhaee ||	Greatness is only in His Great Hands; He gives to those with whom He is pleased.	ਸਭ ਵਡਿਆਈਆਂ ਵੱਡੇ ਪ੍ਰਭੂ ਦੇ ਆਪਣੇ ਹੱਥ ਵਿਚ ਹਨ। ਜੇਹੜਾ ਜੀਵ ਉਸ ਨੂੰ ਚੰਗਾ ਲੱਗਦਾ ਹੈ ਉਸ ਨੂੰ ਵਡਿਆਈ ਬਖ਼ਸ਼ ਦੇਂਦਾ ਹੈ।
2174	53	ਹੁਕਮਿ ਸਵਾਰੇ ਆਪਣੈ ਚਸਾ ਨ ਢਿਲ ਕਰੇਇ॥੬॥		Hukam Savaarae Aapanai Chasaa N Dtil Karaee ||6||	By the Hukam of His Command, He Himself regenerates, without a moment's delay. ||6||	ਆਪਣੀ ਰਜ਼ਾ ਵਿਚ ਹੀ ਉਹ ਜੀਵ ਦੇ ਜੀਵਨ ਨੂੰ ਸੰਵਾਰ ਦੇਂਦਾ ਹੈ, ਰਤਾ ਭਰ ਭੀ ਢਿੱਲ ਨਹੀਂ ਕਰਦਾ ॥੬॥
2175	53	ਸਭੁ ਕੋ ਆਖੈ ਬਹੁਤੁ ਬਹੁਤੁ ਲੈਣੈ ਕੈ ਵੀਚਾਰਿ॥		Sabh Ko Aakhai Bahuth Bahuth Lainai Kai Veechaar ||	Everyone cries out, ""More! More!"", with the idea of receiving.	ਪਰਮਾਤਮਾ ਤੋਂ ਦਾਤਾਂ ਲੈਣ ਦੇ ਖ਼ਿਆਲ ਨਾਲ ਹਰੇਕ ਜੀਵ ਬਹੁਤੀ ਮੰਗ ਮੰਗਦਾ ਹੈ।
2176	53	ਕੇਵਡੁ ਦਾਤਾ ਆਖੀਐ ਦੇ ਕੈ ਰਹਿਆ ਸੁਮਾਰਿ॥		Kaevadd Dhaathaa Aakheeai Dhae Kai Rehiaa Sumaar ||	How great should we call the Giver? His Gifts are beyond estimation.	ਇਹ ਦੱਸਿਆ ਹੀ ਨਹੀਂ ਜਾ ਸਕਦਾ ਕਿ ਪਰਮਾਤਮਾ ਕਿਤਨਾ ਵੱਡਾ ਦਾਤਾ ਹੈ। ਉਹ ਦਾਤਾਂ ਦੇ ਰਿਹਾ ਹੈ, ਪਰ ਦਾਤਾਂ ਗਿਣਤੀ ਤੋਂ ਪਰੇ ਹਨ।

2177	53	ਨਾਨਕ ਤੋਟਿ ਨ ਆਵਈ ਤੇਰੇ ਜੁਗਹ ਜੁਗਹ ਭੰਡਾਰ॥੭॥੧॥	ਜੁੱਗਹ ਜੁੱਗਹ	Naanak Thott N Aavee Thaerae Jugeh Jugeh Bhanddaar ||7||1||	O Nanak, there is no deficiency; Your Storehouses are filled to overflowing, age after age. ||7||1||	ਹੇ ਨਾਨਕ! (ਆਖ-ਹੇ ਪ੍ਰਭੂ!) ਤੇਰੇ ਖ਼ਜ਼ਾਨੇ ਸਦਾ ਹੀ ਭਰੇ ਰਹਿੰਦੇ ਹਨ, ਇਹਨਾਂ ਵਿਚ ਕਦੇ ਭੀ ਘਾਟ ਨਹੀਂ ਪੈ ਸਕਦੀ ॥੭॥੧॥
2178	53	ਮਹਲਾ ੧॥		Mehalaa 1 ||	First Mehl:	
2179	53	ਸਭੇ ਕੰਤ ਮਹੇਲੀਆ ਸਗਲੀਆ ਕਰਹਿ ਸੀਗਾਰੁ॥		Sabhae Kanth Mehaeleeaa Sagaleeaa Karehi Seegaar ||	All are brides of the Husband Lord; all decorate themselves for Him.	ਸਾਰੀਆਂ ਜੀਵ-ਇਸਤ੍ਰੀਆਂ ਪ੍ਰਭੂ-ਖਸਮ ਦੀਆਂ ਹੀ ਹਨ, ਸਾਰੀਆਂ ਹੀ (ਉਸ ਖਸਮ-ਪ੍ਰਭੂ ਨੂੰ ਪ੍ਰਸੰਨ ਕਰਨ ਲਈ) ਸਿੰਗਾਰ ਕਰਦੀਆਂ ਹਨ,
2180	54	ਗਣਤ ਗਣਾਵਣਿ ਆਈਆ ਸੂਹਾ ਵੇਸੁ ਵਿਕਾਰੁ॥		Ganath Ganaavan Aaeeaa Soohaa Vaes Vikaar ||	But when the time comes to settle their accounts, their red robes are corrupt.	ਪਰ ਜੇਹੜੀਆਂ ਆਪਣੇ ਸਿੰਗਾਰ ਦਾ ਵਿਖਾਵਾ-ਮਾਣ ਕਰਦੀਆਂ ਹਨ, ਉਹਨਾਂ ਦਾ ਗੂੜ੍ਹਾ ਲਾਲ ਪਹਿਰਾਵਾ (ਭੀ) ਵਿਕਾਰ (ਹੀ) ਪੈਦਾ ਕਰਦਾ ਹੈ,
2181	54	ਪਾਖੰਡਿ ਪ੍ਰੇਮੁ ਨ ਪਾਈਐ ਖੋਟਾ ਪਾਜੁ ਖੁਆਰੁ॥੧॥		Paakhandd Praem N Paaeeai Khottaa Paaj Khuaar ||1||	His Love is not obtained through hypocrisy. Her false coverings bring only ruin. ||1||	ਕਿਉਂਕਿ ਵਿਖਾਵਾ ਕੀਤਿਆਂ ਪ੍ਰਭੂ ਦਾ ਪਿਆਰ ਨਹੀਂ ਮਿਲਦਾ, (ਅੰਦਰ ਖੋਟ ਹੋਵੇ ਤੇ ਬਾਹਰ ਪ੍ਰੇਮ ਦਾ ਵਿਖਾਵਾ ਹੋਵੇ) ਇਹ ਖੋਟਾ ਵਿਖਾਵਾ ਖ਼ੁਆਰ ਹੀ ਕਰਦਾ ਹੈ ॥੧॥
2182	54	ਹਰਿ ਜੀਉ ਇਉ ਪਿਰੁ ਰਾਵੈ ਨਾਰਿ॥		Har Jeeo Eio Pir Raavai Naar ||	In this way, the Dear Husband Lord ravishes and enjoys His bride.	ਹੇ ਪ੍ਰਭੂ ਜੀ! ਇਹ ਸਰਧਾ ਧਾਰਿਆਂ ??? ਪ੍ਰਭੂ-ਪਤੀ ਜੀਵ-ਇਸਤ੍ਰੀ ਨੂੰ ਪਿਆਰ ਕਰਦਾ ਹੈ।

2183	54	ਤੁਧੁ ਭਾਵਨਿ ਸੋਹਾਗਣੀ ਅਪਣੀ ਕਿਰਪਾ ਲੈਹਿ ਸਵਾਰਿ॥੧॥ਰਹਾਉ॥		Thudhh Bhaavan Sohaaganee Apanee Kirapaa Laihi Savaar ||1|| Rehaao ||	The happy soul-bride is pleasing to You, Lord; by Your Grace, You adorn her. ||1||Pause||	ਉਹੀ ਜੀਵ-ਇਸਤ੍ਰੀਆਂ ਸੁਹਾਗ-ਭਾਗ ਵਾਲੀਆਂ ਹਨ ਜੋ ਤੈਨੂੰ ਚੰਗੀਆਂ ਲੱਗਦੀਆਂ ਹਨ, ਜਿਨ੍ਹਾਂ ਨੂੰ ਆਪਣੀ ਮਿਹਰ ਨਾਲ ਤੂੰ ਆਪ ਸੁਚੱਜੀਆਂ ਬਣਾ ਲੈਂਦਾ ਹੈਂ ॥੧॥ ਰਹਾਉ ॥
2184	54	ਗੁਰ ਸਬਦੀ ਸੀਗਾਰੀਆ ਤਨੁ ਮਨੁ ਪਿਰ ਕੈ ਪਾਸਿ॥		Gur Sabadhee Seegaareeaa Than Man Pir Kai Paas ||	She is decorated with the Word of the Guru's Shabad; her mind and body belong to her Husband Lord.	ਪਰ ਜੇਹੜੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਜੀਵਨ ਨੂੰ) ਸੰਵਾਰਦੀ ਹੈ, ਜਿਸ ਦਾ ਸਰੀਰ ਖਸਮ-ਪ੍ਰਭੂ ਦੇ ਹਵਾਲੇ ਹੈ ਜਿਸ ਦਾ ਮਨ ਖਸਮ-ਪ੍ਰਭੂ ਦੇ ਹਵਾਲੇ ਹੈ (ਭਾਵ, ਜਿਸ ਦਾ ਮਨ ਤੇ ਜਿਸ ਦੇ ਗਿਆਨ-ਇੰਦਰੇ ਪ੍ਰਭੂ ਦੀ ਯਾਦ ਤੋਂ ਲਾਂਭੇ ਕੁਰਾਹੇ ਨਹੀਂ ਜਾਂਦੇ),
2185	54	ਦੁਇ ਕਰ ਜੋੜਿ ਖੜੀ ਤਕੈ ਸਚੁ ਕਹੈ ਅਰਦਾਸਿ॥	(ਤੱਕੈ) ਦੇਖਦੀ ਹੈ। ਖੜ੍ਹੀ	Dhue Kar Jorr Kharree Thakai Sach Kehai Aradhaas ||	With her palms pressed together, she stands, waiting on Him, and offers her True prayers to Him.	ਜੇਹੜੀ ਦੋਵੇਂ ਹੱਥ ਜੋੜ ਕੇ ਪੂਰੀ ਸਰਧਾ ਨਾਲ (ਪ੍ਰਭੂ-ਪਤੀ ਦਾ ਆਸਰਾ ਹੀ) ਤੱਕਦੀ ਹੈ, ਜੇਹੜੀ ਸਦਾ-ਥਿਰ ਪ੍ਰਭੂ ਨੂੰ ਹੀ ਯਾਦ ਕਰਦੀ ਹੈ ਤੇ ਉਸ ਦੇ ਦਰ ਤੇ ਅਰਜ਼ੋਈਆਂ ਕਰਦੀ ਹੈ,

2186	54	ਲਾਲਿ ਰਤੀ ਸਚ ਭੈ ਵਸੀ ਭਾਇ ਰਤੀ ਰੰਗਿ ਰਾਸਿ॥੨॥		Laal Rathee Sach Bhai Vasee Bhaae Rathee Rang Raas ||2||	Dyed in the deep crimson of the Love of her Darling Lord, she dwells in the Fear of the True One. Imbued with His Love, she is dyed in the color of His Love. ||2||	ਉਹ ਪ੍ਰਭੂ-ਪ੍ਰੀਤਮ (ਦੇ ਪਿਆਰ) ਵਿਚ ਰੰਗੀ ਰਹਿੰਦੀ ਹੈ, ਉਹ ਸਦਾ-ਥਿਰ ਪ੍ਰਭੂ ਦੇ ਡਰ-ਅਦਬ ਵਿਚ ਟਿਕੀ ਰਹਿੰਦੀ ਹੈ, ਉਹ ਪ੍ਰਭੂ ਦੇ ਪ੍ਰੇਮ ਵਿਚ ਰੱਤੀ ਰਹਿੰਦੀ ਹੈ, ਤੇ ਉਸ ਦੇ ਰੰਗ ਵਿਚ ਰਸੀ ਰਹਿੰਦੀ ਹੈ ॥੨॥
2187	54	ਪ੍ਰਿਅ ਕੀ ਚੇਰੀ ਕਾਂਢੀਐ ਲਾਲੀ ਮਾਨੈ ਨਾਉ॥	(ਲੱਾਲੀ) ਦਾਸੀ। ਪ੍ਰਿਅ: ਪ ਮੁਕਤਾ, ਅੱਧੇ ਰਾਰੇ ਸਿਹਾਰੀ, ਅ ਮੁਕਤਾ ਬੋਲੋ, ਪ੍ਰਿਆ ਨ ਬੋਲੋ ਜੀ	Pria Kee Chaeree Kaandteeai Laalee Maanai Naao ||	She is said to be the hand-maiden of her Beloved Lord; His sweetheart surrenders to His Name.	ਜੇਹੜੀ (ਪ੍ਰਭੂ-ਚਰਨਾਂ ਦੀ) ਸੇਵਕਾ ਪ੍ਰਭੂ ਦਾ ਨਾਮ ਹੀ ਮੰਨਦੀ ਹੈ (ਪ੍ਰਭੂ ਦੇ ਨਾਮ ਨੂੰ ਹੀ ਆਪਣੀ ਜ਼ਿੰਦਗੀ ਦਾ ਆਸਰਾ ਬਣਾਂਦੀ ਹੈ) ਉਹ ਪ੍ਰਭੂ-ਪਤੀ ਦੀ ਦਾਸੀ ਆਖੀ ਜਾਂਦੀ ਹੈ।
2188	54	ਸਾਚੀ ਪ੍ਰੀਤਿ ਨ ਤੁਟਈ ਸਾਚੇ ਮੇਲਿ ਮਿਲਾਉ॥		Saachee Preeth N Thuttee Saachae Mael Milaao ||	True Love is never broken; she is united in Union with the True One.	ਪ੍ਰਭੂ ਨਾਲ ਉਸ ਦੀ ਪ੍ਰੀਤਿ ਸਦਾ ਕਾਇਮ ਰਹਿੰਦੀ ਹੈ, ਕਦੇ ਟੁੱਟਦੀ ਨਹੀਂ, ਸਦਾ-ਥਿਰ ਪ੍ਰਭੂ ਦੀ ਸੰਗਤਿ ਵਿਚ (ਚਰਨਾਂ ਵਿਚ) ਉਸ ਦਾ ਮਿਲਾਪ ਬਣਿਆ ਰਹਿੰਦਾ ਹੈ।
2189	54	ਸਬਦਿ ਰਤੀ ਮਨੁ ਵੇਧਿਆ ਹਉ ਸਦ ਬਲਿਹਾਰੈ ਜਾਉ॥੩॥		Sabadh Rathee Man Vaedhhiaa Ho Sadh Balihaarai Jaao ||3||	Attuned to the Word of the Shabad, her mind is pierced through. I am forever a sacrifice to Him. ||3||	ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਉਹ ਰੰਗੀ ਰਹਿੰਦੀ ਹੈ, ਉਸ ਦਾ ਮਨ ਪ੍ਰੋਤਾ ਰਹਿੰਦਾ ਹੈ। ਮੈਂ ਅਜੇਹੀ ਜੀਵ-ਇਸਤ੍ਰੀ ਤੋਂ ਕੁਰਬਾਨ ਹਾਂ ॥੩॥

2190	54	ਸਾ ਧਨ ਰੰਡ ਨ ਬੈਸਈ ਜੇ ਸਤਿਗੁਰ ਮਾਹਿ ਸਮਾਇ॥		Saa Dhhan Randd N Baisee Jae Sathigur Maahi Samaae ||	That bride, who is absorbed into the True Guru, shall never become a widow.	ਜੇ ਜੀਵ-ਇਸਤ੍ਰੀ ਗੁਰੂ (ਦੇ ਸ਼ਬਦ) ਵਿਚ ਸੁਰਤ ਜੋੜੀ ਰੱਖੇ, ਤਾਂ ਉਹ ਕਦੇ ਰੰਡੀ (ਹੋ ਕੇ) ਨਹੀਂ ਬੈਠਦੀ (ਭਾਵ, ਖਸਮ ਸਾਈਂ ਦਾ ਹੱਥ ਸਦਾ ਉਸ ਦੇ ਸਿਰ ਉੱਤੇ ਟਿਕਿਆ ਰਹਿੰਦਾ ਹੈ।)
2191	54	ਪਿਰੁ ਰੀਸਾਲੂ ਨਉਤਨੋ ਸਾਚਉ ਮਰੈ ਨ ਜਾਇ॥	ਨਉ-ਤਨੋ	Pir Reesaaloo Nouthano Saacho Marai N Jaae ||	Her Husband Lord is Beautiful; His Body is forever fresh and new. The True One does not die, and shall not go.	(ਫਿਰ ਉਹ) ਖਸਮ (ਭੀ ਐਸਾ ਹੈ ਜੋ) ਆਨੰਦ ਦਾ ਸੋਮਾ ਹੈ (ਜਿਸ ਦਾ ਪਿਆਰ ਨਿੱਤ) ਨਵਾਂ (ਹੈ, ਜੋ) ਸਦਾ ਕਾਇਮ ਰਹਿਣ ਵਾਲਾ (ਹੈ, ਜੋ) ਮਰਦਾ ਹੈ ਨਾਹ ਜੰਮਦਾ ਹੈ।
2192	54	ਨਿਤ ਰਵੈ ਸੋਹਾਗਣੀ ਸਾਚੀ ਨਦਰਿ ਰਜਾਇ॥੪॥		Nith Ravai Sohaaganee Saachee Nadhar Rajaae ||4||	He continually enjoys His happy soul-bride; He casts His Gracious Glance of Truth upon her, and she abides in His Will. ||4||	ਉਹ ਆਪਣੀ ਸਦਾ-ਥਿਰ ਮਿਹਰ ਦੀ ਨਜ਼ਰ ਨਾਲ ਆਪਣੀ ਰਜ਼ਾ ਅਨੁਸਾਰ ਸਦਾ ਉਸ ਸੋਹਾਗਣ ਜੀਵ-ਇਸਤ੍ਰੀ ਨੂੰ ਪਿਆਰ ਕਰਦਾ ਹੈ ॥੪॥
2193	54	ਸਾਚੁ ਧੜੀ ਧਨ ਮਾਡੀਐ ਕਾਪੜੁ ਪ੍ਰੇਮ ਸੀਗਾਰੁ॥	ਮਾਂਡੀਐ	Saach Dhharree Dhhan Maaddeeai Kaaparr Praem Seegaar ||	The bride braids her hair with Truth; her clothes are decorated with His Love.	ਜੇਹੜੀ ਜੀਵ-ਇਸਤ੍ਰੀ ਸਦਾ-ਥਿਰ ਪ੍ਰਭੂ (ਦੀ ਯਾਦ ਆਪਣੇ ਹਿਰਦੇ ਵਿਚ ਟਿਕਾਂਦੀ ਹੈ, ਇਹ, ਮਾਨੋ, ਉਹ ਪਤੀ-ਪ੍ਰਭੂ ਨੂੰ ਪ੍ਰਸੰਨ ਕਰਨ ਲਈ) ਕੇਸਾਂ ਦੀਆਂ ਪੱਟੀਆਂ ਸੰਵਾਰਦੀ ਹੈ, ਪ੍ਰਭੂ ਦੇ ਪਿਆਰ ਨੂੰ (ਸੋਹਣਾ) ਕੱਪੜਾ ਤੇ (ਗਹਿਣਿਆਂ ਦਾ) ਸਿੰਗਾਰ ਬਣਾਂਦੀ ਹੈ।

2194	54	ਚੰਦਨੁ ਚੀਤਿ ਵਸਾਇਆ ਮੰਦਰੁ ਦਸਵਾਦੁਆਰੁ॥		Chandhan Cheeth Vasaaeiaa Mandhar Dhasavaa Dhuaar ||	Like the essence of sandalwood, He permeates her consciousness, and the Temple of the Tenth Gate is opened.	ਜਿਸ ਨੇ ਪ੍ਰਭੂ ਨੂੰ ਆਪਣੇ ਚਿੱਤ ਵਿਚ ਵਸਾਇਆ ਹੈ (ਤੇ, ਇਹ, ਮਾਨੋ, ਉਸ ਨੇ ਮੱਥੇ ਉਤੇ) ਚੰਦਨ (ਦਾ ਟਿੱਕਾ ਲਾਇਆ) ਹੈ, ਜਿਸ ਨੇ ਆਪਣੇ ਦਸਵੇਂ ਦੁਆਰ (ਦਿਮਾਗ਼, ਚਿੱਤ-ਆਕਾਸ਼) ਨੂੰ (ਪਤੀ-ਪ੍ਰਭੂ ਦੇ ਰਹਿਣ ਲਈ) ਸੋਹਣਾ ਘਰ ਬਣਾਇਆ ਹੈ।
2195	54	ਦੀਪਕੁ ਸਬਦਿ ਵਿਗਾਸਿਆ ਰਾਮ ਨਾਮੁ ਉਰ ਹਾਰੁ॥੫॥		Dheepak Sabadh Vigaasiaa Raam Naam Our Haar ||5||	The lamp of the Shabad is lit, and the Name of the Lord is her necklace. ||5||	ਜਿਸ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਹਿਰਦੇ ਨੂੰ) ਹੁਲਾਰੇ ਵਿਚ ਲਿਆਂਦਾ ਹੈ (ਤੇ, ਇਹ, ਮਾਨੋ, ਉਸ ਨੇ ਹਿਰਦੇ ਵਿਚ) ਦੀਵਾ (ਜਗਾਇਆ ਹੈ), ਜਿਸ ਨੇ ਪਰਮਾਤਮਾ ਦੇ ਨਾਮ ਨੂੰ ਆਪਣੇ ਗਲ ਦਾ ਹਾਰ ਬਣਾ ਲਿਆ ਹੈ ॥੫॥
2196	54	ਨਾਰੀ ਅੰਦਰਿ ਸੋਹਣੀ ਮਸਤਕਿ ਮਣੀ ਪਿਆਰੁ॥		Naaree Andhar Sohanee Masathak Manee Piaar ||	She is the most beautiful among women; upon her forehead she wears the Jewel of the Lord's Love.	ਜਿਸ ਨੇ ਆਪਣੇ ਮੱਥੇ ਉਤੇ ਪ੍ਰਭੂ ਦੇ ਪਿਆਰ ਦਾ ਜੜਾਊ ਟਿੱਕਾ ਲਾਇਆ ਹੋਇਆ ਹੈ, ਜਿਸ ਨੇ ਸਦਾ-ਥਿਰ ਰਹਿਣ ਵਾਲੇ ਬੇਅੰਤ ਪ੍ਰਭੂ ਦੇ ਪ੍ਰੇਮ ਵਿਚ ਆਪਣੀ ਸੁਰਤ (ਜੋੜ ਕੇ) ਸੋਹਣੀ ਬਣਾ ਲਈ ਹੈ।
2197	54	ਸੋਭਾ ਸੁਰਤਿ ਸੁਹਾਵਣੀ ਸਾਚੈ ਪ੍ਰੇਮਿ ਅਪਾਰ॥		Sobhaa Surath Suhaavanee Saachai Praem Apaar ||	Her glory and her wisdom are magnificent; her love for the Infinite Lord is True.	(ਤੇ, ਇਸੇ ਨੂੰ ਉਹ ਆਪਣੀ) ਸੋਭਾ (ਸਮਝਦੀ ਹੈ), ਉਹ ਜੀਵ-ਇਸਤ੍ਰੀ ਹੋਰ ਜੀਵ-ਇਸਤ੍ਰੀਆਂ ਵਿਚ (ਮੰਨੀ ਪ੍ਰਮੰਨੀ) ਸੋਹਣੀ ਹੈ।

2198	54	ਬਿਨੁ ਪਿਰ ਪੁਰਖੁ ਨ ਜਾਣਈ ਸਾਚੇ ਗੁਰ ਕੈ ਹੇਤਿ ਪਿਆਰਿ॥੬॥		Bin Pir Purakh N Jaanee Saachae Gur Kai Haeth Piaar ||6||	Other than her Beloved Lord, she knows no man. She enshrines love for the True Guru. ||6||	ਉਹ ਆਪਣੇ ਗੁਰੂ ਦੇ ਸ਼ਬਦ ਦੇ ਪ੍ਰੇਮ ਪਿਆਰ ਵਿਚ ਰਹਿ ਕੇ ਸਦਾ-ਥਿਰ ਸਰਬ-ਵਿਆਪਕ ਪ੍ਰਭੂ ਪਤੀ ਤੋਂ ਬਿਨਾ ਹੋਰ ਕਿਸੇ ਨਾਲ ਜਾਣ-ਪਛਾਣ ਨਹੀਂ ਪਾਂਦੀ ॥੬॥
2199	54	ਨਿਸਿ ਅੰਧਿਆਰੀ ਸੁਤੀਏ ਕਿਉ ਪਿਰ ਬਿਨੁ ਰੈਣਿ ਵਿਹਾਇ॥	ਨਿਸਿ: ਪੋਲਾ ਬੋਲੋ। ਸੁੱਤੀਏ	Nis Andhhiaaree Sutheeeae Kio Pir Bin Rain Vihaae ||	Asleep in the darkness of the night, how shall she pass her life-night without her Husband?	ਮਾਇਆ ਦੇ ਮੋਹ ਦੀ ਕਾਲੀ-ਬੋਲੀ ਰਾਤ ਵਿਚ ਸੁੱਤੀ ਪਈ ਜੀਵ-ਇਸਤ੍ਰੀਏ! ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ ਜ਼ਿੰਦਗੀ ਦੀ ਰਾਤ ਸੌਖੀ ਨਹੀਂ ਲੰਘ ਸਕਦੀ।
2200	54	ਅੰਕੁ ਜਲਉ ਤਨੁ ਜਾਲੀਅਉ ਮਨੁ ਧਨੁ ਜਲਿ ਬਲਿ ਜਾਇ॥	(ਅੰਕੁ) ਹਿਰਦਾ। ਜਾਲੀ-ਅਉ	Ank Jalo Than Jaaleeao Man Dhhan Jal Bal Jaae ||	Her limbs shall burn, her body shall burn, and her mind and wealth shall burn as well.	ਸੜ ਜਾਏ ਉਹ ਹਿਰਦਾ ਤੇ ਉਹ ਸਰੀਰ (ਜਿਸ ਵਿਚ ਪ੍ਰਭੂ ਦੀ ਯਾਦ ਨਹੀਂ)। ਪ੍ਰਭੂ ਦੀ ਯਾਦ ਤੋਂ ਬਿਨਾ ਮਨ (ਵਿਕਾਰਾਂ ਵਿਚ) ਸੜ ਬਲ ਜਾਂਦਾ ਹੈ, ਮਾਇਆ-ਧਨ ਭੀ ਵਿਅਰਥ ਹੀ ਜਾਂਦਾ ਹੈ।
2201	54	ਜਾ ਧਨ ਕੰਤਿ ਨ ਰਾਵੀਆ ਤਾ ਬਿਰਥਾ ਜੋਬਨੁ ਜਾਇ॥੭॥		Jaa Dhhan Kanth N Raaveeaa Thaa Birathhaa Joban Jaae ||7||	When the Husband does not enjoy His bride, then her youth passes away in vain. ||7||	ਜੇ ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਨੇ ਪਿਆਰ ਨਹੀਂ ਕੀਤਾ, ਤਾਂ ਉਸ ਦੀ ਜਵਾਨੀ ਵਿਅਰਥ ਹੀ ਚਲੀ ਜਾਂਦੀ ਹੈ ॥੭॥

2202	54	ਸੇਜੈ ਕੰਤ ਮਹੇਲੜੀ ਸੂਤੀ ਬੂਝ ਨ ਪਾਇ॥		Saejai Kanth Mehaelarree Soothee Boojh N Paae ||	The Husband is on the Bed, but the bride is asleep, and so she does not come to know Him.	ਭਾਗ-ਹੀਣ ਜੀਵ-ਇਸਤ੍ਰੀ ਖਸਮ-ਪ੍ਰਭੂ ਦੀ ਸੇਜ ਉਤੇ ਸੁੱਤੀ ਪਈ ਹੈ, ਪਰ ਇਸ ਨੂੰ ਸਮਝ ਨਹੀਂ (ਹਿਰਦੇ-ਸੇਜ ਉੱਤੇ ਜੀਵਾਤਮਾ ਤੇ ਪਰਮਾਤਮਾ ਦਾ ਇਕੱਠਾ ਨਿਵਾਸ ਹੈ, ਪਰ ਮਾਇਆ-ਮੋਹੀ ਜਿੰਦ ਨੂੰ ਇਸ ਦੀ ਸਾਰ ਨਹੀਂ ਹੈ)।
2203	54	ਹਉ ਸੁਤੀ ਪਿਰੁ ਜਾਗਣਾ ਕਿਸ ਕਉ ਪੂਛਉ ਜਾਇ॥	ਸੁੱਤੀ	Ho Suthee Pir Jaaganaa Kis Ko Pooshho Jaae ||	While I am asleep, my Husband Lord is awake. Where can I go for advice?	ਹੇ ਪ੍ਰਭੂ-ਪਤੀ! ਮੈਂ ਜੀਵ-ਇਸਤ੍ਰੀ (ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤੀ ਰਹਿੰਦੀ ਹਾਂ, ਤੂੰ ਪਤੀ ਸਦਾ ਜਾਗਦਾ ਹੈਂ (ਤੈਨੂੰ ਮਾਇਆ ਵਿਆਪ ਨਹੀਂ ਸਕਦੀ); ਮੈਂ ਕਿਸ ਪਾਸੋਂ ਜਾ ਕੇ ਪੁੱਛਾਂ (ਕਿ ਮੈਂ ਕਿਸ ਤਰ੍ਹਾਂ ਮਾਇਆ ਦੀ ਨੀਂਦ ਵਿਚੋਂ ਜਾਗ ਕੇ ਤੈਨੂੰ ਮਿਲ ਸਕਦੀ ਹਾਂ)?
2204	54	ਸਤਿਗੁਰਿ ਮੇਲੀ ਭੈ ਵਸੀ ਨਾਨਕ ਪ੍ਰੇਮੁ ਸਖਾਇ॥੮॥੨॥	ਵਸੀ: ਪੋਲਾ ਬੋਲੋ	Sathigur Maelee Bhai Vasee Naanak Praem Sakhaae ||8||2||	The True Guru has led me to meet Him, and now I dwell in the Fear of God. O Nanak, His Love is always with me. ||8||2||	ਹੇ ਨਾਨਕ! ਜਿਸ ਜੀਵ-ਇਸਤ੍ਰੀ ਨੂੰ ਸਤਿਗੁਰੂ ਨੇ (ਪ੍ਰਭੂ ਦੇ ਚਰਨਾਂ ਵਿਚ) ਮਿਲਾ ਲਿਆ ਹੈ, ਉਹ ਪਰਮਾਤਮਾ ਦੇ ਡਰ-ਅਦਬ ਵਿਚ ਟਿਕੀ ਰਹਿੰਦੀ ਹੈ, ਪਰਮਾਤਮਾ ਦਾ ਪਿਆਰ ਉਸ ਦਾ (ਜੀਵਨ-) ਸਾਥੀ ਬਣ ਜਾਂਦਾ ਹੈ ॥੮॥੨॥
2205	54	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	

2206	54	ਆਪੇ ਗੁਣ ਆਪੇ ਕਥੈ ਆਪੇ ਸੁਣਿ ਵੀਚਾਰੁ॥		Aapae Gun Aapae Kathhai Aapae Sun Veechaar ||	O Lord, You are Your Own Glorious Praise. You Yourself speak it; You Yourself hear it and contemplate it.	ਪ੍ਰਭੂ ਆਪ ਹੀ (ਆਪਣੇ) ਗੁਣ ਹੈ, ਆਪ ਹੀ (ਉਹਨਾਂ ਗੁਣਾਂ ਨੂੰ) ਬਿਆਨ ਕਰਦਾ ਹੈ, ਆਪ ਹੀ (ਆਪਣੀ ਸਿਫ਼ਤ-ਸਾਲਾਹ) ਸੁਣ ਕੇ ਉਸ ਨੂੰ ਵਿਚਾਰਦਾ ਹੈ (ਉਸ ਵਿਚ ਸੁਰਤ ਜੋੜਦਾ ਹੈ)।
2207	54	ਆਪੇ ਰਤਨੁ ਪਰਖਿ ਤੂੰ ਆਪੇ ਮੋਲੁ ਅਪਾਰੁ॥		Aapae Rathan Parakh Thoon Aapae Mol Apaar ||	You Yourself are the Jewel, and You are the Appraiser. You Yourself are of Infinite Value.	ਹੇ ਪ੍ਰਭੂ! ਤੂੰ ਆਪ ਹੀ (ਆਪਣਾ ਨਾਮ-ਰੂਪ) ਰਤਨ ਹੈਂ, ਤੂੰ ਆਪ ਹੀ ਉਸ ਰਤਨ ਦਾ ਮੁੱਲ ਪਾਣ ਵਾਲਾ ਹੈਂ, ਤੂੰ ਆਪ ਹੀ (ਆਪਣੇ ਨਾਮ-ਰਤਨ ਦਾ) ਬੇਅੰਤ ਮੁੱਲ ਹੈਂ।
2208	54	ਸਾਚਉ ਮਾਨੁ ਮਹਤੁ ਤੂੰ ਆਪੇ ਦੇਵਣਹਾਰੁ॥੧॥	(ਮ-ਹੱਤੁ) ਮਰਾਤਬਾ, ਵਡਿਆਈ	Saacho Maan Mehath Thoon Aapae Dhaevanehaar ||1||	O True Lord, You are Honor and Glory; You Yourself are the Giver. ||1||	ਤੂੰ ਆਪ ਹੀ ਸਦਾ ਕਾਇਮ ਰਹਿਣ ਵਾਲਾ ਮਾਣ ਹੈਂ, ਵਡਿਆਈ ਹੈਂ, ਤੂੰ ਆਪ ਹੀ (ਜੀਵਾਂ ਨੂੰ ਮਾਣ-ਵਡਿਆਈ) ਦੇਣ ਵਾਲਾ ਹੈਂ ॥੧॥
2209	54	ਹਰਿ ਜੀਉ ਤੂੰ ਕਰਤਾ ਕਰਤਾਰੁ॥		Har Jeeo Thoon Karathaa Karathaar ||	O Dear Lord, You are the Creator and the Cause.	ਹੇ ਪ੍ਰਭੂ ਜੀ! (ਹਰੇਕ ਸ਼ੈ ਦਾ) ਪੈਦਾ ਕਰਨ ਵਾਲਾ ਤੂੰ ਆਪ ਹੀ ਹੈਂ।
2210	54	ਜਿਉ ਭਾਵੈ ਤਿਉ ਰਾਖੁ ਤੂੰ ਹਰਿ ਨਾਮੁ ਮਿਲੈ ਆਚਾਰੁ॥੧॥ਰਹਾਉ ॥		Jio Bhaavai Thio Raakh Thoon Har Naam Milai Aachaar ||1|| Rehaao ||	If it is Your Will, please save and protect me; please bless me with the lifestyle of the Lord's Name. ||1||Pause||	ਹੇ ਪ੍ਰਭੂ! ਜਿਵੇਂ ਤੈਨੂੰ ਚੰਗਾ ਲੱਗੇ, ਮੈਨੂੰ (ਆਪਣੇ ਨਾਮ ਵਿਚ ਜੋੜੀ) ਰੱਖ। ਹੇ ਹਰੀ! (ਮਿਹਰ ਕਰ) ਮੈਨੂੰ ਤੇਰਾ ਨਾਮ ਮਿਲ ਜਾਏ। ਤੇਰਾ ਨਾਮ ਹੀ ਮੇਰੇ ਵਾਸਤੇ (ਚੰਗੇ ਤੋਂ ਚੰਗਾ) ਕਰਤੱਬ ਹੈ ॥੧॥ ਰਹਾਉ ॥

2211	54	ਆਪੇ ਹੀਰਾ ਨਿਰਮਲਾ ਆਪੇ ਰੰਗੁ ਮਜੀਠ॥		Aapae Heeraa Niramalaa Aapae Rang Majeeth ||	You Yourself are the flawless diamond; You Yourself are the deep crimson color.	ਹੇ ਪ੍ਰਭੂ! ਤੂੰ ਆਪ ਹੀ ਚਮਕਦਾ ਹੀਰਾ ਹੈਂ, ਤੂੰ ਆਪ ਹੀ ਮਜੀਠ ਦਾ ਰੰਗ ਹੈਂ।
2212	54	ਆਪੇ ਮੋਤੀ ਊਜਲੋ ਆਪੇ ਭਗਤ ਬਸੀਠੁ॥		Aapae Mothee Oojalo Aapae Bhagath Baseeth ||	You Yourself are the perfect pearl; You Yourself are the devotee and the priest.	ਤੂੰ ਆਪ ਹੀ ਲਿਸ਼ਕਦਾ ਮੋਤੀ ਹੈਂ, ਤੂੰ ਆਪ ਹੀ (ਆਪਣੇ) ਭਗਤਾਂ ਦਾ ਵਿਚੋਲਾ ਹੈਂ।
2213	54	ਗੁਰ ਕੈ ਸਬਦਿ ਸਲਾਹਣਾ ਘਟਿ ਘਟਿ ਡੀਠੁ ਅਡੀਠੁ॥੨॥		Gur Kai Sabadh Salaahanaa Ghatt Ghatt Ddeeth Addeeth ||2||	Through the Word of the Guru's Shabad, You are praised. In each and every heart, the Unseen is seen. ||2||	ਸਤਿਗੁਰੂ ਦੇ ਸ਼ਬਦ ਦੀ ਰਾਹੀਂ ਤੇਰੀ ਸਿਫ਼ਤ-ਸਾਲਾਹ ਹੋ ਸਕਦੀ ਹੈ, ਹਰੇਕ ਸਰੀਰ ਵਿਚ ਤੂੰ ਹੀ ਦਿੱਸ ਰਿਹਾ ਹੈਂ, ਤੇ ਤੂੰ ਹੀ ਅਦ੍ਰਿਸ਼ਟ ਹੈਂ ॥੨॥
2214	54	ਆਪੇ ਸਾਗਰੁ ਬੋਹਿਥਾ ਆਪੇ ਪਾਰੁ ਅਪਾਰੁ॥		Aapae Saagar Bohithhaa Aapae Paar Apaar ||	You Yourself are the ocean and the boat. You Yourself are this shore, and the one beyond.	ਹੇ ਪ੍ਰਭੂ! (ਇਹ ਸੰਸਾਰ-) ਸਮੁੰਦਰ ਤੂੰ ਆਪ ਹੀ ਹੈਂ, (ਇਸ ਵਿਚੋਂ ਪਾਰ ਲੰਘਾਣ ਲਈ) ਜਹਾਜ਼ ਭੀ ਤੂੰ ਆਪ ਹੀ ਹੈਂ (ਇਸ ਸੰਸਾਰ-ਸਮੁੰਦਰ ਦਾ) ਪਾਰਲਾ ਤੇ ਉਰਾਰਲਾ ਕੰਢਾ ਭੀ ਤੂੰ ਆਪ ਹੀ ਹੈਂ।
2215	54	ਸਾਚੀ ਵਾਟ ਸੁਜਾਣੁ ਤੂੰ ਸਬਦਿ ਲਘਾਵਣਹਾਰੁ॥		Saachee Vaatt Sujaan Thoon Sabadh Laghaavanehaar ||	O All-knowing Lord, You are the True Way. The Shabad is the Navigator to ferry us across.	(ਹੇ ਪ੍ਰਭੂ! ਤੇਰੀ ਭਗਤੀ-ਰੂਪ) ਪੈਂਡਾ ਭੀ ਤੂੰ ਆਪ ਹੀ ਹੈਂ, ਤੂੰ ਸਭ ਕੁਝ ਜਾਣਦਾ ਹੈਂ, ਗੁਰ-ਸ਼ਬਦ ਦੀ ਰਾਹੀਂ (ਇਸ ਸੰਸਾਰ-ਸਮੁੰਦਰ ਵਿਚੋਂ ਭਗਤੀ ਦੀ ਰਾਹੀਂ) ਪਾਰ ਲੰਘਾਣ ਵਾਲਾ ਭੀ ਤੂੰ ਹੀ ਹੈਂ।

2216	54	ਨਿਡਰਿਆ ਡਰੁ ਜਾਣੀਐ ਬਾਝੁ ਗੁਰੂ ਗੁਬਾਰੁ॥੩॥	ਨਿੱਡਰਿਆਂ	Niddariaa Ddar Jaaneeai Baajh Guroo Gubaar ||3||	One who does not fear God shall live in fear; without the Guru, there is only pitch darkness. ||3||	ਗੁਰੂ ਦੀ ਸਰਨ ਤੋਂ ਬਿਨਾ (ਇਹ ਜੀਵਨ-ਸਫ਼ਰ ਜੀਵਾਂ ਵਾਸਤੇ) ਘੁੱਪ ਹਨੇਰਾ ਹੈ। ਹੇ ਪ੍ਰਭੂ! ਜੇਹੜੇ ਜੀਵ ਤੇਰਾ ਡਰ-ਭਉ ਨਹੀਂ ਰੱਖਦੇ, ਉਹਨਾਂ ਨੂੰ ਦੁਨੀਆ ਦਾ ਸਹਮ ਸਹਾਰਨਾ ਪੈਂਦਾ ਹੈ ॥੩॥
2217	54	ਅਸਥਿਰੁ ਕਰਤਾ ਦੇਖੀਐ ਹੋਰੁ ਕੇਤੀ ਆਵੈ ਜਾਇ॥		Asathhir Karathaa Dhaekheeai Hor Kaethee Aavai Jaae ||	The Creator alone is seen to be Eternal; all others come and go.	(ਇਸ ਜਗਤ ਵਿਚ) ਇਕ ਕਰਤਾਰ ਹੀ ਸਦਾ-ਥਿਰ ਰਹਿਣ ਵਾਲਾ ਦਿੱਸਦਾ ਹੈ, ਹੋਰ ਬੇਅੰਤ ਸ੍ਰਿਸ਼ਟੀ ਜੰਮਦੀ ਮਰਦੀ ਰਹਿੰਦੀ ਹੈ।
2218	54	ਆਪੇ ਨਿਰਮਲੁ ਏਕੁ ਤੂੰ ਹੋਰ ਬੰਧੀ ਧੰਧੈ ਪਾਇ॥		Aapae Niramal Eaek Thoon Hor Bandhhee Dhhandhhai Paae ||	Only You, Lord, are Immaculate and Pure. All others are bound up in worldly pursuits.	ਹੇ ਪ੍ਰਭੂ! ਇਕ ਤੂੰ ਹੀ (ਮਾਇਆ ਦੇ ਮੋਹ ਦੀ) ਮੈਲ ਤੋਂ ਸਾਫ਼ ਹੈਂ, ਬਾਕੀ ਸਾਰੀ ਦੁਨੀਆ (ਮਾਇਆ ਦੇ ਮੋਹ ਦੇ) ਬੰਧਨ ਵਿਚ ਬੱਝੀ ਪਈ ਹੈ।
2219	54	ਗੁਰਿ ਰਾਖੇ ਸੇ ਉਬਰੇ ਸਾਚੇ ਸਿਉ ਲਿਵ ਲਾਇ॥੪॥		Gur Raakhae Sae Oubarae Saachae Sio Liv Laae ||4||	Those who are protected by the Guru are saved. They are lovingly attuned to the True Lord. ||4||	ਜਿਨ੍ਹਾਂ ਨੂੰ ਗੁਰੂ ਨੇ (ਇਸ ਮੋਹ ਤੋਂ) ਬਚਾ ਲਿਆ ਹੈ, ਉਹ ਸਦਾ-ਥਿਰ ਪ੍ਰਭੂ (ਦੇ ਚਰਨਾਂ) ਵਿਚ ਸੁਰਤ ਜੋੜ ਕੇ ਬਚ ਗਏ ਹਨ ॥੪॥
2220	55	ਹਰਿ ਜੀਉ ਸਬਦਿ ਪਛਾਣੀਐ ਸਾਚਿ ਰਤੇ ਗੁਰ ਵਾਕਿ॥		Har Jeeo Sabadh Pashhaaneeai Saach Rathae Gur Vaak ||	Through the Shabad, they recognize the Dear Lord; through the Guru's Word, they are attuned to Truth.	ਸਦਾ ਕਾਇਮ ਰਹਿਣ ਵਾਲੇ ਪ੍ਰਭੂ (ਦੇ ਨਾਮ) ਵਿਚ ਰੰਗੇ ਹੋਏ ਗੁਰੂ ਦੇ ਵਾਕ ਦੀ ਰਾਹੀਂ ਸ਼ਬਦ ਦੀ ਰਾਹੀਂ ਪਰਮਾਤਮਾ ਨਾਲ ਜਾਣ-ਪਛਾਣ ਪੈ ਸਕਦੀ ਹੈ।

2221	55	ਤਿਤੁ ਤਨਿ ਮੈਲੁ ਨ ਲਗਈ ਸਚ ਘਰਿ ਜਿਸੁ ਓਤਾਕੁ॥	(ਓਤਾਕੁ) ਬੈਠਕ, ਘਰ। ਤਿੱਤੁ। ਲੱਗਈ	Thith Than Mail N Lagee Sach Ghar Jis Outhaak ||	Filth does not stick to the body of one who has secured a dwelling in his True Home.	(ਗੁਰੂ ਦੀ ਰਾਹੀਂ) ਜਿਸ ਮਨੁੱਖ ਦੀ ਬੈਠਕ ਸਦਾ-ਥਿਰ ਪ੍ਰਭੂ ਦੇ ਘਰ ਵਿਚ (ਚਰਨਾਂ ਵਿਚ) ਹੋ ਜਾਂਦੀ ਹੈ, ਉਸ ਦੇ ਸਰੀਰ ਵਿਚ (ਮਾਇਆ ਦੀ) ਮੈਲ ਨਹੀਂ ਲੱਗਦੀ।
2222	55	ਨਦਰਿ ਕਰੇ ਸਚੁ ਪਾਈਐ ਬਿਨੁ ਨਾਵੈ ਕਿਆ ਸਾਕੁ॥੫॥		Nadhar Karae Sach Paaeeai Bin Naavai Kiaa Saak ||5||	When the Lord bestows His Glance of Grace, we obtain the True Name. Without the Name, who are our relatives? ||5||	ਉਹ ਸਦਾ-ਥਿਰ ਪ੍ਰਭੂ ਜਿਸ ਉਤੇ ਮਿਹਰ ਦੀ ਨਿਗਾਹ ਕਰਦਾ ਹੈ, ਉਸੇ ਨੂੰ ਉਸ ਦੀ ਪ੍ਰਾਪਤੀ ਹੁੰਦੀ ਹੈ। ਉਸ ਦਾ ਨਾਮ ਸਿਮਰਨ ਤੋਂ ਬਿਨਾ ਉਸ ਨਾਲ ਸੰਬੰਧ ਨਹੀਂ ਬਣ ਸਕਦਾ ॥੫॥
2223	55	ਜਿਨੀ ਸਚੁ ਪਛਾਣਿਆ ਸੇ ਸੁਖੀਏ ਜੁਗ ਚਾਰਿ॥		Jinee Sach Pashhaaniaa Sae Sukheeeae Jug Chaar ||	Those who have realized the Truth are at peace throughout the four ages.	ਜਿਨ੍ਹਾਂ ਬੰਦਿਆਂ ਨੇ ਸਦਾ-ਥਿਰ ਪ੍ਰਭੂ ਨਾਲ ਸਾਂਝ ਪਾ ਲਈ ਹੈ, ਉਹ ਸਦਾ ਹੀ ਆਤਮਕ ਆਨੰਦ ਮਾਣਦੇ ਹਨ।
2224	55	ਹਉਮੈ ਤ੍ਰਿਸਨਾ ਮਾਰਿ ਕੈ ਸਚੁ ਰਖਿਆ ਉਰ ਧਾਰਿ॥		Houmai Thrisanaa Maar Kai Sach Rakhiaa Our Dhhaar ||	Subduing their egotism and desires, they keep the True Name enshrined in their hearts.	ਉਹ ਆਪਣੀ ਹਉਮੈ ਅਤੇ (ਮਾਇਆ ਵਾਲੀ) ਤ੍ਰਿਸ਼ਨਾ ਮਾਰ ਕੇ ਸਦਾ-ਥਿਰ ਪ੍ਰਭੂ (ਦੇ ਨਾਮ) ਨੂੰ ਆਪਣੇ ਹਿਰਦੇ ਵਿਚ ਟਿਕਾ ਰੱਖਦੇ ਹਨ।

2225	55	ਜਗੁ ਮਹਿ ਲਾਹਾ ਏਕੁ ਨਾਮੁ ਪਾਈਐ ਗੁਰ ਵੀਚਾਰਿ॥੬॥		Jag Mehi Laahaa Eaek Naam Paaeeai Gur Veechaar ||6||	In this world, the only real profit is the Name of the One Lord; it is earned by contemplating the Guru. ||6||	ਜਗਤ ਵਿਚ (ਆਉਣ ਦਾ) ਪਰਮਾਤਮਾ ਦਾ ਇਕ ਨਾਮ ਹੀ ਲਾਭ ਹੈ (ਜੋ ਮਨੁੱਖ ਨੂੰ ਖੱਟਣਾ ਚਾਹੀਦਾ ਹੈ, ਤੇ ਇਹ ਨਾਮ) ਗੁਰੂ ਦੀ ਦੱਸੀ ਸਿੱਖਿਆ ਦੀ ਰਾਹੀਂ ਹੀ ਮਿਲ ਸਕਦਾ ਹੈ ॥੬॥
2226	55	ਸਾਚਉ ਵਖਰੁ ਲਾਦੀਐ ਲਾਭੁ ਸਦਾ ਸਚੁ ਰਾਸਿ॥		Saacho Vakhar Laadheeai Laabh Sadhaa Sach Raas ||	Loading the Merchandise of the True Name, you shall gather in your profits forever with the Capital of Truth.	(ਹੇ ਵਣਜਾਰੇ ਜੀਵ!) ਸਦਾ-ਥਿਰ ਰਹਿਣ ਵਾਲੀ (ਨਾਮ ਦੀ ਰਾਸ-ਪੂੰਜੀ ਹੀ ਜੋੜਨੀ ਚਾਹੀਦੀ ਹੈ, (ਇਸ ਵਿਚੋਂ ਉਹ) ਨਫ਼ਾ (ਪੈਦਾ ਹੈ ਜੋ) ਸਦਾ (ਕਾਇਮ ਰਹਿੰਦਾ ਹੈ)।
2227	55	ਸਾਚੀ ਦਰਗਹ ਬੈਸਈ ਭਗਤਿ ਸਚੀ ਅਰਦਾਸਿ॥		Saachee Dharageh Baisee Bhagath Sachee Aradhaas ||	In the Court of the True One, you shall sit in truthful devotion and prayer.	ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦੀ ਭਗਤੀ ਕਰਦਾ ਹੈ (ਉਸ ਦੇ ਅੱਗੇ) ਅਰਦਾਸ ਕਰਦਾ ਹੈ, ਉਹ ਉਸ ਦੀ ਸਦਾ-ਥਿਰ ਹਜ਼ੂਰੀ ਵਿਚ ਬੈਠਦਾ ਹੈ।
2228	55	ਪਤਿ ਸਿਉ ਲੇਖਾ ਨਿਬੜੈ ਰਾਮ ਨਾਮੁ ਪਰਗਾਸਿ॥੭॥	ਨਿੱਬੜੈ। ਪਰ-ਗਾਸਿ।	Path Sio Laekhaa Nibarrai Raam Naam Paragaas ||7||	Your account shall be settled with honor, in the Radiant Light of the Name of the Lord. ||7||	ਉਸ ਦਾ (ਜੀਵਨ-ਸਫ਼ਰ ਦਾ) ਲੇਖਾ (ਇੱਜ਼ਤ ਨਾਲ) ਸਾਫ਼ ਹੋ ਜਾਂਦਾ ਹੈ (ਕਿਉਂਕਿ ਉਸ ਦੇ ਅੰਦਰ) ਪ੍ਰਭੂ ਦਾ ਨਾਮ ਉਜਾਗਰ ਹੋ ਜਾਂਦਾ ਹੈ ॥੭॥

2229	55	ਊਚਾ ਊਚਉ ਆਖੀਐ ਕਹਉ ਨ ਦੇਖਿਆ ਜਾਇ॥	(ਕਹਉ) ਜੇ ਝੂਠ ਕਹੋ ਕਿ ਮੈਂ ਦੇਖ ਲਏ ਹਨ, ਤਾਂ (ਦੇਖਿਆ) ਦੇਖੇ (ਨ) ਨਹੀਂ (ਜਾਇ) ਜਾਂਦੇ	Oochaa Oocho Aakheeai Keho N Dhaekhiaa Jaae ||	The Lord is said to be the Highest of the High; no one can perceive Him.	ਪਰਮਾਤਮਾ ਸਭ ਤੋਂ ਉੱਚਾ ਹੈ, ਪਰਮਾਤਮਾ ਸਭ ਤੋਂ ਉੱਚਾ ਹੈ- (ਹਰ ਪਾਸੇ ਵਲੋਂ ਇਹੀ) ਆਖਿਆ ਜਾਂਦਾ ਹੈ, ਮੈਂ (ਭੀ) ਆਖਦਾ ਹਾਂ (ਕਿ ਪਰਮਾਤਮਾ ਸਭ ਤੋਂ ਉੱਚਾ ਹੈ, ਪਰ ਨਿਰਾ ਕਹਿਣ ਨਾਲ) ਉਸ ਦਾ ਦਰਸ਼ਨ ਨਹੀਂ ਕੀਤਾ ਜਾ ਸਕਦਾ।
2230	55	ਜਹ ਦੇਖਾ ਤਹ ਏਕੁ ਤੂੰ ਸਤਿਗੁਰਿ ਦੀਆ ਦਿਖਾਇ॥		Jeh Dhaekhaa Theh Eaek Thoon Sathigur Dheeaa Dhikhaae ||	Wherever I look, I see only You. The True Guru has inspired me to see You.	ਜਦੋਂ ਸਤਿਗੁਰੂ ਨੇ ਮੈਨੂੰ, (ਹੇ ਪ੍ਰਭੂ! ਤੇਰਾ) ਦਰਸ਼ਨ ਕਰਾ ਦਿੱਤਾ, ਤਾਂ ਹੁਣ ਮੈਂ ਜਿੱਧਰ ਵੇਖਦਾ ਹਾਂ, ਤੂੰ ਹੀ ਤੂੰ ਦਿੱਸਦਾ ਹੈਂ।
2231	55	ਜੋਤਿ ਨਿਰੰਤਰਿ ਜਾਣੀਐ ਨਾਨਕ ਸਹਜਿ ਸੁਭਾਇ॥੮॥੩॥		Joth Niranthar Jaaneeai Naanak Sehaj Subhaae ||8||3||	The Divine Light within is revealed, O Nanak, through this intuitive understanding. ||8||3||	ਹੇ ਨਾਨਕ! (ਗੁਰੂ ਦੀ ਸਰਨ ਪੈ ਕੇ) ਆਤਮਕ ਅਡੋਲਤਾ ਵਾਲੀ ਅਵਸਥਾ ਵਿਚ ਟਿਕ ਕੇ ਪ੍ਰੇਮ ਵਿਚ ਜੁੜ ਕੇ ਇਹ ਸਮਝ ਆ ਜਾਂਦੀ ਹੈ ਕਿ ਪਰਮਾਤਮਾ ਦੀ ਜੋਤਿ ਇਕ-ਰਸ ਹਰ ਥਾਂ ਮੌਜੂਦ ਹੈ ॥੮॥੩॥{54-55}
2232	55	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	

2233	55	ਮਛੁਲੀ ਜਾਲੁ ਨ ਜਾਣਿਆ ਸਰੁ ਖਾਰਾ ਅਸਗਾਹੁ॥		Mashhulee Jaal N Jaaniaa Sar Khaaraa Asagaahu ||	The fish did not notice the net in the deep and salty sea.	ਅੰਞਾਣ ਮੱਛੀ ਨੇ ਜਾਲ ਨੂੰ ਨਾਹ ਸਮਝਿਆ (ਕਿ ਜਾਲ ਉਸ ਦੀ ਮੌਤ ਦਾ ਕਾਰਣ ਬਣਦਾ ਹੈ) ਅਤੇ ਨਾਹ ਹੀ ਉਸ ਨੇ ਡੂੰਘੇ ਖਾਰੇ ਸਮੁੰਦਰ ਨੂੰ ਹੀ ਸਮਝਿਆ (ਕਿ ਸਮੁੰਦਰ ਵਿਚ ਟਿਕੇ ਰਿਹਾਂ ਹੀ ਉਸ ਦੀ ਜ਼ਿੰਦਗੀ ਕਾਇਮ ਰਹਿ ਸਕਦੀ ਹੈ)।
2234	55	ਅਤਿ ਸਿਆਣੀ ਸੋਹਣੀ ਕਿਉ ਕੀਤੋ ਵੇਸਾਹੁ॥		Ath Siaanee Sohanee Kio Keetho Vaesaahu ||	It was so clever and beautiful, but why was it so confident?	(ਵੇਖਣ ਨੂੰ ਮੱਛੀ) ਬੜੀ ਸੋਹਣੀ ਤੇ ਸਿਆਣੀ (ਜਾਪਦੀ) ਹੈ, ਪਰ ਉਸ ਨੂੰ ਜਾਲ ਦਾ ਇਤਬਾਰ ਨਹੀਂ ਕਰਨਾ ਚਾਹੀਦਾ ਸੀ।
2235	55	ਕੀਤੇ ਕਾਰਣਿ ਪਾਕੜੀ ਕਾਲੁ ਨ ਟਲੈ ਸਿਰਾਹੁ॥੧॥	ਪਾਕੜੀ। ਟਲੈ: ਪੋਲਾ ਬੋਲੋ	Keethae Kaaran Paakarree Kaal N Ttalai Siraahu ||1||	By its actions it was caught, and now death cannot be turned away from its head. ||1||	(ਜਾਲ ਉੱਤੇ) ਇਤਬਾਰ ਕਰਨ ਦੇ ਕਾਰਨ ਹੀ ਫੜੀ ਜਾਂਦੀ ਹੈ, ਤੇ ਉਸ ਦੇ ਸਿਰ ਉਤੋਂ ਮੌਤ ਟਲਦੀ ਨਹੀਂ (ਜੀਵ ਇਹ ਭੁੱਲ ਜਾਂਦਾ ਹੈ ਕਿ ਜ਼ਿੰਦਗੀ ਦੇ ਅਥਾਹ ਸਮੁੰਦਰ ਪ੍ਰਭੂ ਵਿਚ ਲੀਨ ਰਿਹਾਂ ਹੀ ਆਤਮਕ ਜੀਵਨ ਕਾਇਮ ਰਹਿੰਦਾ ਹੈ। ਮੋਹਣੀ ਮਾਇਆ ਦਾ ਇਤਬਾਰ ਕਰ ਬੈਠਦਾ ਹੈ, ਤੇ ਆਤਮਕ ਮੌਤ ਸਹੇੜਦਾ ਹੈ, ਮੌਤ ਦਾ ਸਹਮ ਹਰ ਵੇਲੇ ਇਸ ਦੇ ਸਿਰ ਉੱਤੇ ਸਵਾਰ ਰਹਿੰਦਾ ਹੈ) ॥੧॥

2236	55	ਭਾਈ ਰੇ ਇਉ ਸਿਰਿ ਜਾਣਹੁ ਕਾਲੁ॥		Bhaaee Rae Eio Sir Jaanahu Kaal ||	O Siblings of Destiny, just like this, see death hovering over your own heads!	ਹੇ ਭਾਈ! ਆਪਣੇ ਸਿਰ ਉੱਤੇ ਮੌਤ ਨੂੰ ਇਉਂ ਹੀ ਸਮਝੋ।
2237	55	ਜਿਉ ਮਛੀ ਤਿਉ ਮਾਣਸਾ ਪਵੈ ਅਚਿੰਤਾ ਜਾਲੁ॥੧॥ਰਹਾਉ॥	ਮੱਛੀ। ਮਾਣਸਾ: ਬਿੰਦੀ ਨ ਲਾਉ	Jio Mashhee Thio Maanasaa Pavai Achinthaa Jaal ||1|| Rehaao ||	People are just like this fish; unaware, the noose of death descends upon them. ||1||Pause||	ਜਿਵੇਂ ਮੱਛੀ ਨੂੰ ਅਚਨਚੇਤ (ਮਾਛੀ ਦਾ) ਜਾਲ ਆ ਪੈਂਦਾ ਹੈ, ਤਿਵੇਂ ਮਨੁੱਖਾਂ ਦੇ ਸਿਰ ਉੱਤੇ ਅਚਨਚੇਤ ਮੌਤ ਆ ਪੈਂਦੀ ਹੈ ॥੧॥ ਰਹਾਉ ॥
2238	55	ਸਭੁ ਜਗੁ ਬਾਧੋ ਕਾਲ ਕੋ ਬਿਨੁ ਗੁਰ ਕਾਲੁ ਅਫਾਰੁ॥		Sabh Jag Baadhho Kaal Ko Bin Gur Kaal Afaar ||	The whole world is bound by death; without the Guru, death cannot be avoided.	ਸਾਰਾ ਜਗਤ ਮੌਤ ਦੇ ਡਰ ਦਾ ਬੱਧਾ ਹੋਇਆ ਹੈ, ਗੁਰੂ ਦੀ ਸਰਨ ਆਉਣ ਤੋਂ ਬਿਨਾ ਮੌਤ ਦਾ ਸਹਮ (ਹਰੇਕ ਦੇ ਸਿਰ ਉੱਤੇ) ਅਮਿੱਟ ਹੈ।
2239	55	ਸਚਿ ਰਤੇ ਸੇ ਉਬਰੇ ਦੁਬਿਧਾ ਛੋਡਿ ਵਿਕਾਰ॥		Sach Rathae Sae Oubarae Dhubidhhaa Shhodd Vikaar ||	Those who are attuned to Truth are saved; they renounce duality and corruption.	ਜਿਹੜੇ ਮਨੁੱਖ ਸਦਾ-ਥਿਰ ਪ੍ਰਭੂ (ਦੇ ਪਿਆਰ) ਵਿਚ ਰੰਗੇ ਰਹਿੰਦੇ ਹਨ, ਉਹ ਵਿਕਾਰ ਛੱਡ ਕੇ ਮਨ ਦੀ ਮਾਇਆ ਵਲ ਡੋਲਣੀ ਹਾਲਤ ਛੱਡ ਕੇ ਮੌਤ ਦੇ ਸਹਮ ਤੋਂ ਬਚ ਜਾਂਦੇ ਹਨ।
2240	55	ਹਉ ਤਿਨ ਕੈ ਬਲਿਹਾਰਣੈ ਦਰਿ ਸਚੈ ਸਚਿਆਰ॥੨॥		Ho Thin Kai Balihaaranai Dhar Sachai Sachiaar ||2||	I am a sacrifice to those who are found to be Truthful in the True Court. ||2||	ਮੈਂ ਉਹਨਾਂ ਤੋਂ ਸਦਕੇ ਹਾਂ, ਜੇਹੜੇ (ਗੁਰੂ ਦੀ ਸਰਨ ਪੈ ਕੇ) ਪ੍ਰਭੂ ਦੇ ਦਰ ਤੇ ਸੁਰਖ਼ਰੂ ਹੁੰਦੇ ਹਨ ॥੨॥

2241	55	ਸੀਚਾਨੇ ਜਿਉ ਪੰਖੀਆ ਜਾਲੀ ਬਧਿਕ ਹਾਥਿ॥	(ਸੀਚਾਨੇ) ਬਾਜ। ਜਾਲੀ: ਪੋਲਾ ਬੋਲੋ	Seechaanae Jio Pankheeaa Jaalee Badhhik Haathh ||	Think of the hawk preying on the birds, and the net in the hands of the hunter.	ਜਿਵੇਂ ਬਾਜ਼ ਅਤੇ ਫਾਂਧੀ ਦੇ ਹੱਥ ਵਿਚ ਫੜੀ ਹੋਈ ਜਾਲੀ ਪੰਛੀਆਂ ਵਾਸਤੇ (ਮੌਤ ਦਾ ਸੁਨੇਹਾ ਹਨ, ਤਿਵੇਂ ਮਾਇਆ ਦਾ ਮੋਹ ਮਨੁੱਖਾਂ ਵਾਸਤੇ ਆਤਮਕ ਮੌਤ ਦਾ ਕਾਰਨ ਹੈ)
2242	55	ਗੁਰਿ ਰਾਖੇ ਸੇ ਉਬਰੇ ਹੋਰਿ ਫਾਥੇ ਚੋਗੈ ਸਾਥਿ॥		Gur Raakhae Sae Oubarae Hor Faathhae Chogai Saathh ||	Those who are protected by the Guru are saved; the others are caught by the bait.	ਜਿਨ੍ਹਾਂ ਦੀ ਗੁਰੂ ਨੇ ਰੱਖਿਆ ਕੀਤੀ, ਉਹ ਮਾਇਆ-ਜਾਲ ਵਿਚੋਂ ਬਚ ਨਿਕਲੇ, ਬਾਕੀ ਦੇ ਸਾਰੇ ਮਾਇਆ ਦੇ ਚੋਗੇ ਨਾਲ ਮੋਹ ਦੀ ਜਾਲੀ ਵਿਚ ਫਸ ਗਏ।
2243	55	ਬਿਨੁ ਨਾਵੈ ਚੁਣਿ ਸੁਟੀਅਹਿ ਕੋਇ ਨ ਸੰਗੀ ਸਾਥਿ॥੩॥	ਸੁੱਟੀ-ਅਹਿ	Bin Naavai Chun Sutteeahi Koe N Sangee Saathh ||3||	Without the Name, they are picked up and thrown away; they have no friends or companions. ||3||	ਜਿਨ੍ਹਾਂ ਦੇ ਪੱਲੇ ਨਾਮ ਨਹੀਂ, ਉਹ ਚੁਣ ਚੁਣ ਕੇ ਮਾਇਆ-ਜਾਲ ਵਿਚ ਸੁੱਟੇ ਜਾਂਦੇ ਹਨ, ਉਹਨਾਂ ਦਾ ਕੋਈ ਭੀ ਐਸਾ ਸੰਗੀ ਸਾਥੀ ਨਹੀਂ ਬਣਦਾ (ਜੋ ਉਹਨਾਂ ਨੂੰ ਇਸ ਜਾਲ ਵਿਚੋਂ ਕੱਢ ਸਕੇ) ॥੩॥
2244	55	ਸਚੋ ਸਚਾ ਆਖੀਐ ਸਚੇ ਸਚਾ ਥਾਨੁ॥		Sacho Sachaa Aakheeai Sachae Sachaa Thhaan ||	God is said to be the Truest of the True; His Place is the Truest of the True.	(ਮੌਤ ਦੇ ਸਹਮ ਤੋਂ ਅਤੇ ਆਤਮਕ ਮੌਤ ਤੋਂ ਬਚਣ ਲਈ, ਹੇ ਭਾਈ!) ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਸਿਮਰਨਾ ਚਾਹੀਦਾ ਹੈ ਜਿਸ ਦਾ ਤਖ਼ਤ ਅਟੱਲ ਹੈ।

2245	55	ਜਿਨੀ ਸਚਾ ਮੰਨਿਆ ਤਿਨ ਮਨਿ ਸਚੁ ਧਿਆਨੁ॥		Jinee Sachaa Manniaa Thin Man Sach Dhhiaan ||	Those who obey the True One-their minds abide in true meditation.	ਜਿਨ੍ਹਾਂ ਦਾ ਮਨ ਸਿਮਰਨ ਵਿਚ ਗਿੱਝ ਜਾਂਦਾ ਹੈ, ਉਹਨਾਂ ਦੇ ਮਨ ਵਿਚ ਪਰਮਾਤਮਾ ਦੀ ਯਾਦ ਦੀ ਲਿਵ ਲੱਗ ਜਾਂਦੀ ਹੈ।
2246	55	ਮਨਿ ਮੁਖਿ ਸੂਚੇ ਜਾਣੀਅਹਿ ਗੁਰਮੁਖਿ ਜਿਨਾ ਗਿਆਨੁ॥੪॥	ਮਨਿ: ਨ ਸਿਹਾਰੀ ਹੋਵੇ ਤਾਂ ਮਨਿ ਮੁਖਿ ਵੱਖਰਾ ਪੜ੍ਹਨਾ ਜੀ	Man Mukh Soochae Jaaneeahi Guramukh Jinaa Giaan ||4||	Those who become Gurmukh, and obtain spiritual wisdom-their minds and mouths are known to be pure. ||4||	ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਦੇ ਮਨ ਵਿਚ ਤੇ ਮੂੰਹ ਵਿਚ ਪਰਮਾਤਮਾ ਨਾਲ ਡੂੰਘੀ ਸਾਂਝ ਟਿਕ ਜਾਂਦੀ ਹੈ, ਉਹ ਬੰਦੇ ਪਵਿਤ੍ਰ ਸਮਝੇ ਜਾਂਦੇ ਹਨ ॥੪॥
2247	55	ਸਤਿਗੁਰ ਅਗੈ ਅਰਦਾਸਿ ਕਰਿ ਸਾਜਨੁ ਦੇਇ ਮਿਲਾਇ॥		Sathigur Agai Aradhaas Kar Saajan Dhaee Milaae ||	Offer your most sincere prayers to the True Guru, so that He may unite you with your Best Friend.	(ਹੇ ਮੇਰੇ ਮਨ! ਸੱਜਣ-ਪ੍ਰਭੂ ਨੂੰ ਮਿਲਣ ਵਾਸਤੇ ਸਦਾ ਆਪਣੇ) ਗੁਰੂ ਅੱਗੇ ਅਰਦਾਸ ਕਰਦਾ ਰਹੁ, (ਗੁਰੂ) ਸੱਜਣ-ਪ੍ਰਭੂ ਮਿਲਾ ਦੇਂਦਾ ਹੈ।
2248	55	ਸਾਜਨਿ ਮਿਲਿਐ ਸੁਖੁ ਪਾਇਆ ਜਮਦੂਤ ਮੁਏ ਬਿਖੁ ਖਾਇ॥		Saajan Miliai Sukh Paaeiaa Jamadhooth Mueae Bikh Khaae ||	Meeting your Best Friend, you shall find peace; the Messenger of Death shall take poison and die.	ਜੇ ਸੱਜਣ-ਪ੍ਰਭੂ ਮਿਲ ਪਏ ਤਾਂ ਆਤਮਕ ਆਨੰਦ ਮਿਲ ਜਾਂਦਾ ਹੈ, ਜਮਦੂਤ ਤਾਂ (ਇਉਂ ਸਮਝੋ ਕਿ) ਜ਼ਹਰ ਖਾ ਕੇ ਮਰ ਜਾਂਦੇ ਹਨ (ਭਾਵ, ਜਮਦੂਤ ਨੇੜੇ ਹੀ ਨਹੀਂ ਢੁਕਦੇ)।

2249	55	ਨਾਵੈ ਅੰਦਰਿ ਹਉ ਵਸਾਂ ਨਾਉ ਵਸੈ ਮਨਿ ਆਇ॥੫॥		Naavai Andhar Ho Vasaan Naao Vasai Man Aae ||5||	I dwell deep within the Name; the Name has come to dwell within my mind. ||5||	(ਜੇ ਸੱਜਣ-ਪ੍ਰਭੂ ਮਿਲ ਪਏ ਤਾਂ) ਮੈਂ ਉਸ ਦੇ ਨਾਮ ਵਿਚ ਸਦਾ ਟਿਕਿਆ ਰਹਿ ਸਕਦਾ ਹਾਂ ਉਸ ਦਾ ਨਾਮ (ਸਦਾ ਲਈ) ਮੇਰੇ ਮਨ ਵਿਚ ਆ ਵੱਸਦਾ ਹੈ ॥੫॥
2250	55	ਬਾਝੁ ਗੁਰੂ ਗੁਬਾਰੁ ਹੈ ਬਿਨੁ ਸਬਦੈ ਬੂਝ ਨ ਪਾਇ॥		Baajh Guroo Gubaar Hai Bin Sabadhai Boojh N Paae ||	Without the Guru, there is only pitch darkness; without the Shabad, understanding is not obtained.	ਗੁਰੂ ਦੀ ਸਰਨ ਪੈਣ ਤੋਂ ਬਿਨਾ (ਜੀਵ ਵਾਸਤੇ ਚਾਰ ਚੁਫੇਰੇ ਮਾਇਆ ਦੇ ਮੋਹ ਦਾ) ਘੁੱਪ ਹਨੇਰਾ (ਰਹਿੰਦਾ) ਹੈ, ਗੁਰੂ ਦੇ ਸ਼ਬਦ ਤੋਂ ਬਿਨਾ ਸਮਝ ਨਹੀਂ ਪੈਂਦੀ (ਕਿ ਮੈਂ ਮਾਇਆ ਦੇ ਮੋਹ ਵਿਚ ਫਸਿਆ ਪਿਆ ਹਾਂ)।
2251	55	ਗੁਰਮਤੀ ਪਰਗਾਸੁ ਹੋਇ ਸਚਿ ਰਹੈ ਲਿਵ ਲਾਇ॥		Guramathee Paragaas Hoe Sach Rehai Liv Laae ||	Through the Guru's Teachings, you shall be enlightened; remain absorbed in the Love of the True Lord.	ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਦੀ ਸਿੱਖਿਆ ਨਾਲ ਆਤਮਕ ਚਾਨਣ ਹੁੰਦਾ ਹੈ, ਉਹ ਸਦਾ-ਥਿਰ ਪ੍ਰਭੂ ਵਿਚ ਆਪਣੀ ਸੁਰਤ ਜੋੜੀ ਰੱਖਦਾ ਹੈ।
2252	55	ਤਿਥੈ ਕਾਲੁ ਨ ਸੰਚਰੈ ਜੋਤੀ ਜੋਤਿ ਸਮਾਇ॥੬॥		Thithhai Kaal N Sancharai Jothee Joth Samaae ||6||	Death does not go there; your light shall merge with the Light. ||6||	ਉਸ ਆਤਮਕ ਅਵਸਥਾ ਵਿਚ ਮੌਤ ਦਾ ਡਰ ਪਹੁੰਚਦਾ ਹੀ ਨਹੀਂ, (ਕਿਉਂਕਿ) ਜੀਵ ਦੀ ਜੋਤਿ ਪਰਮਾਤਮਾ ਦੀ ਜੋਤਿ ਵਿਚ ਲੀਨ ਰਹਿੰਦੀ ਹੈ ॥੬॥
2253	55	ਤੂੰਹੈ ਸਾਜਨੁ ਤੂੰ ਸੁਜਾਣੁ ਤੂੰ ਆਪੇ ਮੇਲਣਹਾਰੁ॥		Thoonhai Saajan Thoon Sujaan Thoon Aapae Maelanehaar ||	You are my Best Friend; You are All-knowing. You are the One who unites us with Yourself.	ਹੇ ਪ੍ਰਭੂ! ਤੂੰ ਹੀ ਮੇਰਾ ਮਿੱਤਰ ਹੈਂ, ਤੂੰ ਹੀ (ਮੇਰੇ ਦੁਖ-ਦਰਦ) ਜਾਣਨ ਵਾਲਾ ਹੈਂ, ਤੂੰ ਆਪ ਹੀ ਮੈਨੂੰ (ਆਪਣੇ ਚਰਨਾਂ ਵਿਚ) ਮਿਲਾਣ ਦੇ ਸਮਰਥ ਹੈਂ।

2254	55	ਗੁਰ ਸਬਦੀ ਸਾਲਾਹੀਐ ਅੰਤੁ ਨ ਪਾਰਾਵਾਰੁ॥		Gur Sabadhee Saalaaheeai Anth N Paaraavaar ||	Through the Word of the Guru's Shabad, we praise You; You have no end or limitation.	ਗੁਰੂ ਦੇ ਸ਼ਬਦ ਦੀ ਰਾਹੀਂ ਹੀ ਤੇਰੀ ਸਿਫ਼ਤ-ਸਾਲਾਹ ਕੀਤੀ ਜਾ ਸਕਦੀ ਹੈ (ਉਂਵ ਤਾਂ) ਤੇਰੇ ਗੁਣਾਂ ਦਾ ਅੰਤ ਤੇਰੇ ਗੁਣਾਂ ਦਾ ਪਾਰਲਾ ਉਰਲਾ ਬੰਨਾ ਲੱਭਿਆ ਹੀ ਨਹੀਂ ਜਾ ਸਕਦਾ।
2255	55	ਤਿਥੈ ਕਾਲੁ ਨ ਅਪੜੈ ਜਿਥੈ ਗੁਰ ਕਾ ਸਬਦੁ ਅਪਾਰੁ॥੭॥	ਅੱਪੜੈ	Thithhai Kaal N Aparrai Jithhai Gur Kaa Sabadh Apaar ||7||	Death does not reach that place, where the Infinite Word of the Guru's Shabad resounds. ||7||	ਜਿਸ ਹਿਰਦੇ ਵਿਚ ਗੁਰੂ ਦਾ ਸ਼ਬਦ ਟਿਕਿਆ ਹੋਇਆ ਹੈ, ਬੇਅੰਤ ਪ੍ਰਭੂ ਆਪ ਟਿਕਿਆ ਹੋਇਆ ਹੈ ਉਥੇ ਮੌਤ ਦਾ ਡਰ ਪਹੁੰਚ ਨਹੀਂ ਸਕਦਾ ॥੭॥
2256	55	ਹੁਕਮੀ ਸਭੇ ਊਪਜਹਿ ਹੁਕਮੀ ਕਾਰ ਕਮਾਹਿ॥		Hukamee Sabhae Oopajehi Hukamee Kaar Kamaahi ||	By the Hukam of His Command, all are created. By His Command, actions are performed.	(ਮਾਇਆ ਦੇ ਮੋਹ ਦੇ ਜਾਲ ਵਿਚੋਂ ਨਿਕਲਣਾ ਜੀਵਾਂ ਦੇ ਵੱਸ ਦੀ ਗੱਲ ਨਹੀਂ ਹੈ) ਪਰਮਾਤਮਾ ਦੇ ਹੁਕਮ ਵਿਚ ਸਾਰੇ ਜੀਵ ਪੈਦਾ ਹੁੰਦੇ ਹਨ, ਉਸ ਦੇ ਹੁਕਮ ਵਿਚ ਹੀ ਕਾਰ ਕਰਦੇ ਹਨ।
2257	55	ਹੁਕਮੀ ਕਾਲੈ ਵਸਿ ਹੈ ਹੁਕਮੀ ਸਾਚਿ ਸਮਾਹਿ॥	ਕੱਾਲੈ ਵੱਸਿ	Hukamee Kaalai Vas Hai Hukamee Saach Samaahi ||	By His Command, all are subject to death; by His Command, they merge in Truth.	ਪ੍ਰਭੂ ਦੇ ਹੁਕਮ ਵਿਚ ਹੀ ਸ੍ਰਿਸ਼ਟੀ ਮੌਤ ਦੇ ਡਰ ਦੇ ਅਧੀਨ ਹੈ, ਹੁਕਮ ਅਨੁਸਾਰ ਹੀ ਜੀਵ ਸਦਾ-ਥਿਰ ਪ੍ਰਭੂ ਦੀ ਯਾਦ ਵਿਚ ਟਿਕਦੇ ਹਨ।

2258	55	ਨਾਨਕ ਜੋ ਤਿਸੁ ਭਾਵੈ ਸੋ ਥੀਐ ਇਨਾ ਜੰਤਾ ਵਸਿ ਕਿਛੁ ਨਾਹਿ॥੮॥੪॥	ਵੱਸਿ	Naanak Jo This Bhaavai So Thheeai Einaa Janthaa Vas Kishh Naahi ||8||4||	O Nanak, whatever pleases His Will comes to pass. Nothing is in the hands of these beings. ||8||4||	ਹੇ ਨਾਨਕ! ਉਹੀ ਕੁਝ ਹੁੰਦਾ ਹੈ ਜੋ ਉਸ ਪਰਮਾਤਮਾ ਨੂੰ ਚੰਗਾ ਲੱਗਦਾ ਹੈ, ਇਹਨਾਂ ਜੀਵਾਂ ਦੇ ਵੱਸ ਵਿਚ ਕੁਝ ਨਹੀਂ ॥੮॥੪॥
2259	55	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
2260	55	ਮਨਿ ਜੂਠੈ ਤਨਿ ਜੂਠਿ ਹੈ ਜਿਹਵਾ ਜੂਠੀ ਹੋਇ॥		Man Joothai Than Jooth Hai Jihavaa Joothee Hoe ||	If the mind is polluted, then the body is polluted, and the tongue is polluted as well.	ਜੇ ਜੀਵ ਦਾ ਮਨ (ਵਿਕਾਰਾਂ ਦੀ ਛੋਹ ਨਾਲ) ਜੂਠਾ ਹੋ ਚੁਕਾ ਹੈ, ਤਾਂ ਉਸ ਦੇ ਸਰੀਰ ਵਿਚ ਭੀ ਜੂਠ ਹੀ ਜੂਠ ਹੈ (ਸਾਰੇ ਗਿਆਨ-ਇੰਦ੍ਰੇ ਵਿਕਾਰਾਂ ਵਲ ਹੀ ਦੌੜਦੇ ਹਨ) ਉਸ ਦੀ ਜੀਭ (ਖਾਣ ਦੇ ਚਸਕਿਆਂ ਨਾਲ) ਜੂਠੀ ਹੋਈ ਰਹਿੰਦੀ ਹੈ, ਝੂਠੇ ਮੂੰਹ ਨਾਲ ਬੋਲਣ ਦਾ ਹੀ ਸੁਭਾਉ ਬਣ ਜਾਂਦਾ ਹੈ।
2261	56	ਮੁਖਿ ਝੂਠੈ ਝੂਠੁ ਬੋਲਣਾ ਕਿਉ ਕਰਿ ਸੂਚਾ ਹੋਇ॥		Mukh Jhoothai Jhooth Bolanaa Kio Kar Soochaa Hoe ||	With false mouths, people speak falsehood. How can they be made pure?	ਅਜੇਹਾ ਜੀਵ (ਕਿਸੇ ਬਾਹਰਲੇ ਸੁੱਚ ਆਦਿਕ ਕਰਮ ਨਾਲ ਅੰਦਰੋਂ) ਸੁੱਚਾ ਕਦੇ ਭੀ ਨਹੀਂ ਹੋ ਸਕਦਾ।

2262	56	ਬਿਨੁ ਅਭ ਸਬਦ ਨ ਮਾਂਜੀਐ ਸਾਚੇ ਤੇ ਸਚੁ ਹੋਇ॥੧॥	ਅਭ: ਪੋਲਾ ਬੋਲੋ	Bin Abh Sabadh N Maanjeeai Saachae Thae Sach Hoe ||1||	Without the Holy Water of the Shabad, they are not cleansed. From the True One alone comes Truth. ||1||	ਗੁਰੂ ਦੇ ਸ਼ਬਦ-ਜਲ ਤੋਂ ਬਿਨਾ (ਮਨ) ਮਾਂਜਿਆ ਨਹੀਂ ਜਾ ਸਕਦਾ, (ਤੇ) ਇਹ ਸੱਚ (ਸਿਮਰਨ) ਸਦਾ-ਥਿਰ ਪ੍ਰਭੂ ਤੋਂ ਹੀ ਮਿਲਦਾ ਹੈ ॥੧॥
2263	56	ਮੁੰਧੇ ਗੁਣ ਹੀਣੀ ਸੁਖੁ ਕੇਹਿ॥		Mundhhae Guneheenee Sukh Kaehi ||	O soul-bride, without virtue, what happiness can there be?	ਹੇ ਭੋਲੀ ਜੀਵ-ਇਸਤ੍ਰੀਏ! ਜੋ (ਆਪਣੇ ਅੰਦਰ, ਆਤਮਕ ਸੁਖ ਦੇਣ ਵਾਲੇ) ਗੁਣਾਂ ਤੋਂ ਸੱਖਣੀ ਹੈ ਉਸ ਨੂੰ (ਬਾਹਰੋਂ) ਕਿਸੇ ਹੋਰ ਤਰੀਕੇ ਨਾਲ ਆਤਮਕ ਸੁਖ ਨਹੀਂ ਮਿਲ ਸਕਦਾ।
2264	56	ਪਿਰੁ ਰਲੀਆ ਰਸਿ ਮਾਣਸੀ ਸਾਚਿ ਸਬਦਿ ਸੁਖੁ ਨੇਹਿ॥੧॥ਰਹਾਉ॥	ਰਲੀਆਂ	Pir Raleeaa Ras Maanasee Saach Sabadh Sukh Naehi ||1|| Rehaao ||	The Husband Lord enjoys her with pleasure and delight; she is at peace in the love of the True Word of the Shabad. ||1||Pause||	ਆਤਮਕ ਸੁਖ ਉਸ ਨੂੰ ਹੈ ਜੋ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ (ਲੀਨ ਰਹਿੰਦੀ ਹੈ) ਜੋ ਗੁਰੂ ਦੇ ਸ਼ਬਦ ਵਿਚ (ਜੁੜੀ ਹੋਈ) ਹੈ, ਜੋ ਪ੍ਰਭੂ ਦੇ ਪਿਆਰ ਵਿਚ (ਮਸਤ) ਹੈ। ਪਤੀ-ਪ੍ਰਭੂ ਦੇ ਮਿਲਾਪ ਦੇ ਸੁਖ (ਉਹੀ ਜੀਵ-ਇਸਤ੍ਰੀ) ਆਨੰਦ ਨਾਲ ਮਾਣਦੀ ਹੈ ॥੧॥ ਰਹਾਉ ॥

2265	56	ਪਿਰੁ ਪਰਦੇਸੀ ਜੇ ਥੀਐ ਧਨ ਵਾਂਢੀ ਝੂਰੇਇ॥		Pir Paradhaesee Jae Thheeai Dhhan Vaandtee Jhooraee ||	When the Husband goes away, the bride suffers in the pain of separation,	ਜੇ ਪਤੀ-ਪ੍ਰਭੂ (ਜੀਵ-ਇਸਤ੍ਰੀ ਦੇ ਹਿਰਦੇ-ਦੇਸ ਵਿਚ ਪਰਗਟ ਨਹੀਂ, ਉਸ ਦੇ ਹਿਰਦੇ ਨੂੰ ਛੱਡ ਕੇ) ਹੋਰ ਹੋਰ ਹਿਰਦੇ-ਦੇਸ ਦਾ ਨਿਵਾਸੀ ਹੈ, ਤਾਂ ਪਤੀ ਤੋਂ ਵਿੱਛੁੜੀ ਹੋਈ ਉਹ ਜੀਵ-ਇਸਤ੍ਰੀ ਝੂਰਦੀ ਰਹਿੰਦੀ ਹੈ (ਅੰਦਰੇ ਅੰਦਰ ਚਿੰਤਾ ਨਾਲ ਖਾਧੀ ਜਾਂਦੀ ਹੈ)।
2266	56	ਜਿਉ ਜਲਿ ਥੋੜੈ ਮਛੁਲੀ ਕਰਣ ਪਲਾਵ ਕਰੇਇ॥		Jio Jal Thhorrai Mashhulee Karan Palaav Karaee ||	Like the fish in shallow water, crying for mercy.	ਜਿਵੇਂ ਥੋੜ੍ਹੇ ਪਾਣੀ ਵਿਚ ਮੱਛੀ ਤੜਫਦੀ ਹੈ, ਤਿਵੇਂ ਉਹ ਤਰਲੇ ਲੈਂਦੀ ਰਹਿੰਦੀ ਹੈ।
2267	56	ਪਿਰ ਭਾਵੈ ਸੁਖੁ ਪਾਈਐ ਜਾ ਆਪੇ ਨਦਰਿ ਕਰੇਇ॥੨॥		Pir Bhaavai Sukh Paaeeai Jaa Aapae Nadhar Karaee ||2||	As it pleases the Will of the Husband Lord, peace is obtained, when He Himself casts His Glance of Grace. ||2||	ਆਤਮਕ ਸੁਖ ਤਦੋਂ ਹੀ ਮਿਲਦਾ ਹੈ, ਜਦੋਂ ਪ੍ਰਭੂ-ਪਤੀ ਨੂੰ (ਜੀਵ-ਇਸਤ੍ਰੀ) ਚੰਗੇ ਲੱਗੇ, ਜਦੋਂ ਉਹ ਆਪ (ਉਸ ਉਤੇ) ਮਿਹਰ ਦੀ ਨਜ਼ਰ ਕਰੇ ॥੨॥
2268	56	ਪਿਰੁ ਸਾਲਾਹੀ ਆਪਣਾ ਸਖੀ ਸਹੇਲੀ ਨਾਲਿ॥		Pir Saalaahee Aapanaa Sakhee Sehaelee Naal ||	Praise your Husband Lord, together with your bridesmaids and friends.	(ਹੇ ਜੀਵ-ਇਸਤ੍ਰੀ!) ਤੂੰ ਸਖੀਆਂ ਸਹੇਲੀਆਂ ਨਾਲ ਮਿਲ ਕੇ (ਭਾਵ, ਸਾਧ-ਸੰਗਤਿ ਵਿਚ ਬੈਠ ਕੇ) ਆਪਣੇ ਪਤੀ-ਪ੍ਰਭੂ ਦੀ ਸਿਫ਼ਤ-ਸਾਲਾਹ ਕਰ।

2269	56	ਤਨਿ ਸੋਹੈ ਮਨੁ ਮੋਹਿਆ ਰਤੀ ਰੰਗਿ ਨਿਹਾਲਿ॥		Than Sohai Man Mohiaa Rathee Rang Nihaal ||	The body is beautified, and the mind is fascinated. Imbued with His Love, we are enraptured.	(ਜੇਹੜੀ ਜੀਵ-ਇਸਤ੍ਰੀ ਸਿਫ਼ਤ-ਸਾਲਾਹ ਕਰਦੀ ਹੈ, ਉਸ ਦੇ) ਹਿਰਦੇ ਵਿਚ ਪ੍ਰਭੂ ਪ੍ਰਗਟ ਹੋ ਜਾਂਦਾ ਹੈ, ਉਸ ਦਾ ਮਨ (ਪ੍ਰਭੂ ਦੇ ਪ੍ਰੇਮ ਵਿਚ) ਮੋਹਿਆ ਜਾਂਦਾ ਹੈ, ਉਹ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਹੋਈ ਉਸ ਦਾ ਦਰਸ਼ਨ ਕਰਦੀ ਹੈ।
2270	56	ਸਬਦਿ ਸਵਾਰੀ ਸੋਹਣੀ ਪਿਰੁ ਰਾਵੈ ਗੁਣ ਨਾਲਿ॥੩॥		Sabadh Savaaree Sohanee Pir Raavae Gun Naal ||3||	Adorned with the Shabad, the beautiful bride enjoys her Husband with virtue. ||3||	ਗੁਰੂ ਦੇ ਸ਼ਬਦ (ਦੀ ਬਰਕਤਿ) ਨਾਲ ਉਸ ਦਾ ਜੀਵਨ ਸੰਵਰ ਜਾਂਦਾ ਹੈ, ਗੁਣਾਂ ਨਾਲ ਉਹ ਸੋਹਣੀ ਬਣ ਜਾਂਦੀ ਹੈ, ਤੇ ਪਤੀ ਪ੍ਰਭੂ ਉਸ ਨੂੰ ਪਿਆਰ ਕਰਦਾ ਹੈ ॥੩॥
2271	56	ਕਾਮਣਿ ਕਾਮਿ ਨ ਆਵਈ ਖੋਟੀ ਅਵਗਣਿਆਰਿ॥		Kaaman Kaam N Aavee Khottee Avaganiaar ||	The soul-bride is of no use at all, if she is evil and without virtue.	(ਗੁਣ ਤੋਂ ਸੱਖਣੀ ਹੋਣ ਕਰਕੇ) ਜੇਹੜੀ ਜੀਵ-ਇਸਤ੍ਰੀ (ਅੰਦਰੋਂ) ਖੋਟੀ ਹੈ ਤੇ ਔਗੁਣਾਂ ਨਾਲ ਭਰੀ ਹੋਈ ਹੈ ਉਸ ਦਾ ਜੀਵਨ ਵਿਅਰਥ ਚਲਾ ਜਾਂਦਾ ਹੈ।
2272	56	ਨਾ ਸੁਖੁ ਪੇਈਐ ਸਾਹੁਰੈ ਝੂਠਿ ਜਲੀ ਵੇਕਾਰਿ॥	ਕ੍ਰੋਧ, ਫ਼ੈਸਨ, ਈਰਖਾ, ਕਾਮ, ਤ੍ਰਿਸਨਾ, ਝੂਠਿ, ਵਿਕਾਰਿ, ਮਾਇਆ ਅੱਗ ਚ ਜਲੀ ਸੜੀ। ਜਲੀ: ਪੋਲਾ ਬੋਲੋ	Naa Sukh Paeeeai Saahurai Jhooth Jalee Vaekaar ||	She does not find peace in this world or the next; she burns in falsehood and corruption.	ਨਾਹ ਇਸ ਲੋਕ ਵਿਚ ਨਾਹ ਪਰਲੋਕ ਵਿਚ ਕਿਤੇ ਭੀ ਉਸ ਨੂੰ ਆਤਮਕ ਸੁਖ ਨਹੀਂ ਮਿਲਦਾ; ਝੂਠ ਵਿਚ ਵਿਕਾਰ ਵਿਚ ਉਹ ਸੜ ਜਾਂਦੀ ਹੈ (ਉਸ ਦਾ ਆਤਮਕ ਜੀਵਨ ਸੜ ਜਾਂਦਾ ਹੈ)।

2273	56	ਆਵਣੁ ਵੰਞਣੁ ਡਾਖੜੋ ਛੋਡੀ ਕੰਤਿ ਵਿਸਾਰਿ॥੪॥		Aavan Vannjan Ddaakharro Shhoddee Kanth Visaar ||4||	Coming and going are very difficult for that bride who is abandoned and forgotten by her Husband Lord. ||4||	(ਉਸ ਦੇ ਵਾਸਤੇ) ਜਨਮ ਮਰਨ ਦਾ ਔਖਾ ਗੇੜ ਬਣਿਆ ਰਹਿੰਦਾ ਹੈ ਕਿਉਂਕਿ) ਕੰਤ-ਪ੍ਰਭੂ ਨੇ ਉਸ ਨੂੰ ਭੁਲਾ ਦਿੱਤਾ ਹੁੰਦਾ ਹੈ ॥੪॥
2274	56	ਪਿਰ ਕੀ ਨਾਰਿ ਸੁਹਾਵਣੀ ਮੁਤੀ ਸੋ ਕਿਤੁ ਸਾਦਿ॥	ਮੁੱਤੀ, ਛੁੱਟੜ	Pir Kee Naar Suhaavanee Muthee So Kith Saadh ||	The beautiful soul-bride of the Husband Lord-by what sensual pleasures has she been doomed?	ਪਰ ਉਹ ਪਤੀ-ਪ੍ਰਭੂ ਦੀ ਸੋਹਣੀ ਨਾਰ ਸੀ, ਉਹ ਕਿਸ ਸੁਆਦ ਵਿਚ (ਫਸਣ ਕਰਕੇ) ਛੁੱਟੜ ਹੋ ਗਈ?
2275	56	ਪਿਰ ਕੈ ਕਾਮਿ ਨ ਆਵਈ ਬੋਲੇ ਫਾਦਿਲੁ ਬਾਦਿ॥	(ਫਾਦਿਲੁ) ਵਿਅਰਥ, ਵਧੀਕ	Pir Kai Kaam N Aavee Bolae Faadhil Baadh ||	She is of no use to her Husband if she babbles in useless arguments.	ਉਹ ਕਿਉਂ ਵਿਅਰਥ ਫ਼ਜ਼ੂਲ ਬੋਲ ਬੋਲਦੀ ਹੈ ਜੋ ਪਤੀ-ਪ੍ਰਭੂ ਨਾਲ ਮਿਲਾਪ ਵਾਸਤੇ ਕੰਮ ਨਹੀਂ ਦੇ ਸਕਦਾ?
2276	56	ਦਰਿ ਘਰਿ ਢੋਈ ਨਾ ਲਹੈ ਛੂਟੀ ਦੂਜੈ ਸਾਦਿ॥੫॥		Dhar Ghar Dtoee Naa Lehai Shhoottee Dhoojai Saadh ||5||	At the Door of His Home, she finds no shelter; she is discarded for seeking other pleasures. ||5||	ਉਹ ਜੀਵ-ਇਸਤ੍ਰੀ (ਪ੍ਰਭੂ ਨੂੰ ਭੁਲਾ ਕੇ) ਮਾਇਆ ਦੇ ਸੁਆਦ ਵਿਚ (ਫਸਣ ਕਰਕੇ) ਛੁੱਟੜ ਹੋਈ ਹੈ, (ਤਾਹੀਏਂ ਉਸ ਨੂੰ) ਪ੍ਰਭੂ ਦੇ ਮਹਲ ਵਿਚ (ਟਿਕਣ ਲਈ) ਆਸਰਾ ਨਹੀਂ ਮਿਲਦਾ (ਮਾਇਆ ਦਾ ਮੋਹ ਉਸ ਨੂੰ ਭਟਕਣਾ ਵਿਚ ਪਾਈ ਰੱਖਦਾ ਹੈ) ॥੫॥

2277	56	ਪੰਡਿਤ ਵਾਚਹਿ ਪੋਥੀਆ ਨਾ ਬੂਝਹਿ ਵੀਚਾਰੁ॥		Panddith Vaachehi Pothheeaa Naa Boojhehi Veechaar ||	The Pandits, the religious scholars, read their books, but they do not understand the real meaning.	ਪੰਡਿਤ ਲੋਕ ਧਾਰਮਿਕ ਪੁਸਤਕਾਂ ਪੜ੍ਹਦੇ ਹਨ (ਪਰ ਅੰਦਰੋਂ ਗੁਣ-ਹੀਨ ਹੋਣ ਕਰਕੇ ਉਹਨਾਂ ਪੁਸਤਕਾਂ ਦੀ) ਵਿਚਾਰ ਨਹੀਂ ਸਮਝਦੇ।
2278	56	ਅਨ ਕਉ ਮਤੀ ਦੇ ਚਲਹਿ ਮਾਇਆ ਕਾ ਵਾਪਾਰੁ॥	ਮੱਤੀ। ਚੱਲਹਿ।	An Ko Mathee Dhae Chalehi Maaeiaa Kaa Vaapaar ||	They give instructions to others, and then walk away, but they deal in Maya themselves.	ਹੋਰਨਾਂ ਨੂੰ ਹੀ ਮੱਤਾਂ ਦੇ ਕੇ (ਜਗਤ ਤੋਂ) ਚਲੇ ਜਾਂਦੇ ਹਨ (ਉਹਨਾਂ ਦਾ ਇਹ ਸਾਰਾ ਉੱਦਮ) ਮਾਇਆ ਕਮਾਣ ਲਈ ਵਪਾਰ ਹੀ ਬਣਿਆ ਰਹਿ ਜਾਂਦਾ ਹੈ।
2279	56	ਕਥਨੀ ਝੂਠੀ ਜਗੁ ਭਵੈ ਰਹਣੀ ਸਬਦੁ ਸੁ ਸਾਰੁ॥੬॥		Kathhanee Jhoothee Jag Bhavai Rehanee Sabadh S Saar ||6||	Speaking falsehood, they wander around the world, while those who remain true to the Shabad are excellent and exalted. ||6||	ਸਾਰਾ ਜਗਤ ਝੂਠੀ ਕਥਨੀ ਵਿਚ ਹੀ ਭਟਕਦਾ ਰਹਿੰਦਾ ਹੈ (ਭਾਵ, ਆਮ ਤੌਰ ਤੇ ਜੀਵਾਂ ਦੇ ਅੰਦਰ ਝੂਠ-ਫਰੇਬ ਹੈ, ਤੇ ਬਾਹਰ ਗਿਆਨ ਦੀਆਂ ਗੱਲਾਂ ਹਨ)। ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਸ਼ਬਦ (ਹਿਰਦੇ ਵਿਚ ਟਿਕਾਈ ਰੱਖਣਾ) ਹੀ ਸ੍ਰੇਸ਼ਟ ਰਹਿਣੀ ਹੈ ॥੬॥
2280	56	ਕੇਤੇ ਪੰਡਿਤ ਜੋਤਕੀ ਬੇਦਾ ਕਰਹਿ ਬੀਚਾਰੁ॥	ਬੇਦਾਂ	Kaethae Panddith Jothakee Baedhaa Karehi Beechaar ||	There are so many Pandits and astrologers who ponder over the Vedas.	ਅਨੇਕਾਂ ਹੀ ਪੰਡਿਤ ਜੋਤਸ਼ੀ (ਆਦਿਕ) ਵੇਦਾਂ (ਦੇ ਮੰਤ੍ਰਾਂ) ਨੂੰ ਵਿਚਾਰਦੇ ਹਨ।

2281	56	ਵਾਦਿ ਵਿਰੋਧਿ ਸਲਾਹਣੇ ਵਾਦੇ ਆਵਣੁ ਜਾਣੁ॥		Vaadh Virodhh Salaahanae Vaadhae Aavan Jaan ||	They glorify their disputes and arguments, and in these controversies they continue coming and going.	ਆਪੋ ਵਿਚ ਮਤ-ਭੇਦ ਹੋਣ ਦੇ ਕਾਰਨ (ਚਰਚਾ ਕਰਦੇ ਹਨ ਤੇ ਵਿਦਵਤਾ ਦੇ ਕਾਰਨ) ਵਾਹ ਵਾਹ ਅਖਵਾਂਦੇ ਹਨ, ਪਰ ਨਿਰੇ ਇਸ ਮਤ-ਭੇਦ ਵਿਚ ਰਹਿ ਕੇ ਹੀ ਉਹਨਾਂ ਦਾ ਜਨਮ ਮਰਨ ਬਣਿਆ ਰਹਿੰਦਾ ਹੈ।
2282	56	ਬਿਨੁ ਗੁਰ ਕਰਮ ਨ ਛੁਟਸੀ ਕਹਿ ਸੁਣਿ ਆਖਿ ਵਖਾਣੁ॥੭॥	(ਕਰਮ) ਕਿਰਪਾ	Bin Gur Karam N Shhuttasee Kehi Sun Aakh Vakhaan ||7||	Without the Guru, they are not released from their karma, although they speak and listen and preach and explain. ||7||	ਕੋਈ ਭੀ ਮਨੁੱਖ (ਨਿਰਾ ਚੰਗਾ) ਵਖਿਆਨ ਕਰ ਕੇ ਜਾਂ ਸੁਣ ਕੇ (ਆਤਮਕ ਆਨੰਦ ਨਹੀਂ ਲੈ ਸਕਦਾ, ਤੇ ਜਨਮ ਮਰਨ ਦੇ ਗੇੜ ਵਿਚੋਂ) ਖ਼ਲਾਸੀ ਹਾਸਲ ਨਹੀਂ ਕਰ ਸਕਦਾ। (ਹਉਮੈ ਅਹੰਕਾਰ ਛੱਡ ਕੇ ਗੁਰੂ ਦੀ ਸਰਨ ਪੈਣ ਦੀ ਲੋੜ ਹੈ) ਗੁਰੂ ਦੀ ਬਖ਼ਸ਼ਸ਼ ਤੋਂ ਬਿਨਾ (ਮਾਇਆ ਦੇ ਮੋਹ ਤੋਂ) ਖ਼ਲਾਸੀ ਨਹੀਂ ਹੁੰਦੀ ॥੭॥
2283	56	ਸਭਿ ਗੁਣਵੰਤੀ ਆਖੀਅਹਿ ਮੈ ਗੁਣੁ ਨਾਹੀ ਕੋਇ॥		Sabh Gunavanthee Aakheeahi Mai Gun Naahee Koe ||	They all call themselves virtuous, but I have no virtue at all.	(ਜੇਹੜੀਆਂ ਜੀਵ-ਇਸਤ੍ਰੀਆਂ ਪ੍ਰਭੂ-ਪਤੀ ਨੂੰ ਪਿਆਰੀਆਂ ਲੱਗਦੀਆਂ ਹਨ, ਉਹੀ) ਸਾਰੀਆਂ ਗੁਣਾਂ ਵਾਲੀਆਂ ਆਖੀਆਂ ਜਾਂਦੀਆਂ ਹਨ। ਪਰ ਮੇਰੇ ਅੰਦਰ ਕੋਈ ਐਸਾ ਗੁਣ ਨਹੀਂ ਹੈ (ਜਿਸ ਦੀ ਬਰਕਤਿ ਨਾਲ ਮੈਂ ਪ੍ਰਭੂ-ਪਿਆਰ ਨੂੰ ਆਪਣੇ ਹਿਰਦੇ ਵਿਚ ਵਸਾ ਸਕਾਂ)।

2284	56	ਹਰਿ ਵਰੁ ਨਾਰਿ ਸੁਹਾਵਣੀ ਮੈ ਭਾਵੈ ਪ੍ਰਭੁ ਸੋਇ॥		Har Var Naar Suhaavanee Mai Bhaavai Prabh Soe ||	With the Lord as her Husband, the soul-bride is happy; I, too, love that God.	ਜੇ ਉਹ ਹਰੀ-ਪਤੀ ਪ੍ਰਭੂ ਮੈਨੂੰ ਪਿਆਰਾ ਲੱਗਣ ਲੱਗ ਪਏ, ਤਾਂ ਮੈਂ ਭੀ ਉਸ ਦੀ ਸੋਹਣੀ ਨਾਰ ਬਣ ਜਾਵਾਂ।
2285	56	ਨਾਨਕ ਸਬਦਿ ਮਿਲਾਵੜਾ ਨਾ ਵੇਛੋੜਾ ਹੋਇ॥੮॥੫॥		Naanak Sabadh Milaavarraa Naa Vaeshhorraa Hoe ||8||5||	O Nanak, through the Shabad, union is obtained; there is no more separation. ||8||5||	ਹੇ ਨਾਨਕ! ਗੁਰੂ ਦੇ ਸ਼ਬਦ ਵਿਚ (ਜੁੜ ਕੇ ਜਿਸ ਨੇ ਪ੍ਰਭੂ-ਚਰਨਾਂ ਨਾਲ) ਸੋਹਣਾ ਮਿਲਾਪ ਹਾਸਲ ਕਰ ਲਿਆ ਹੈ ਉਸ ਦਾ ਉਸ ਤੋਂ ਫਿਰ ਵਿਛੋੜਾ ਨਹੀਂ ਹੁੰਦਾ ॥੮॥੫॥
2286	56	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
2287	56	ਜਪੁ ਤਪੁ ਸੰਜਮੁ ਸਾਧੀਐ ਤੀਰਥਿ ਕੀਚੈ ਵਾਸੁ॥	ਸੱਾਧੀਐ	Jap Thap Sanjam Saadhheeai Theerathh Keechai Vaas ||	You may chant and meditate, practice austerities and self-restraint, and dwell at sacred shrines of pilgrimage;	ਜੇ (ਕਿਸੇ ਸਿੱਧੀ ਆਦਿਕ ਵਾਸਤੇ ਮੰਤ੍ਰਾਂ ਦਾ) ਪਾਠ ਕੀਤਾ ਜਾਏ, (ਧੂਣੀਆਂ ਆਦਿਕ ਤਪਾ ਕੇ) ਸਰੀਰ ਨੂੰ ਕਸ਼ਟ ਦਿੱਤਾ ਜਾਏ, ਇੰਦ੍ਰਿਆਂ ਨੂੰ ਵੱਸ ਵਿਚ ਕਰਨ ਦਾ ਕੋਈ ਸਾਧਨ ਕੀਤਾ ਜਾਏ, ਕਿਸੇ ਤੀਰਥ ਉੱਤੇ ਨਿਵਾਸ ਕੀਤਾ ਜਾਏ,
2288	56	ਪੁੰਨ ਦਾਨ ਚੰਗਿਆਈਆ ਬਿਨੁ ਸਾਚੇ ਕਿਆ ਤਾਸੁ॥		Punn Dhaan Changiaaeeaa Bin Saachae Kiaa Thaas ||	You may give donations to charity, and perform good deeds, but without the True One, what is the use of it all?	(ਜੇ ਖ਼ਲਕਤ ਦੇ ਭਲੇ ਵਾਸਤੇ) ਦਾਨ-ਪੁੰਨ ਆਦਿਕ ਚੰਗੇ ਕੰਮ ਕੀਤੇ ਜਾਣ (ਪਰ ਪਰਮਾਤਮਾ ਦਾ ਸਿਮਰਨ ਨਾਹ ਕੀਤਾ ਜਾਏ, ਤਾਂ) ਪ੍ਰਭੂ-ਸਿਮਰਨ ਤੋਂ ਬਿਨਾ ਉਪਰਲੇ ਸਾਰੇ ਹੀ ਉੱਦਮਾਂ ਦਾ ਕੋਈ ਲਾਭ ਨਹੀਂ।

2289	56	ਜੇਹਾ ਰਾਧੇ ਤੇਹਾ ਲੁਣੈ ਬਿਨੁ ਗੁਣ ਜਨਮੁ ਵਿਣਾਸੁ॥੧॥		Jaehaa Raadhhae Thaehaa Lunai Bin Gun Janam Vinaas ||1||	As you plant, so shall you harvest. Without virtue, this human life passes away in vain. ||1||	ਮਨੁੱਖ ਜਿਹਾ ਬੀ ਬੀਜਦਾ ਹੈ, ਉਹੋ ਜਿਹਾ ਫਲ ਵੱਢਦਾ ਹੈ (ਜੇ ਸਿਮਰਨ ਨਹੀਂ ਕੀਤਾ, ਤਾਂ ਆਤਮਕ ਗੁਣ ਕਿੱਥੋਂ ਆ ਜਾਣ? ਤੇ) ਆਤਮਕ ਗੁਣਾਂ ਤੋਂ ਬਿਨਾ ਜ਼ਿੰਦਗੀ ਵਿਅਰਥ ਹੈ ॥੧॥
2290	56	ਮੁੰਧੇ ਗੁਣ ਦਾਸੀ ਸੁਖੁ ਹੋਇ॥		Mundhhae Gun Dhaasee Sukh Hoe ||	O young bride, be a slave to virtue, and you shall find peace.	ਹੇ ਭੋਲੀ ਜੀਵ-ਇਸਤ੍ਰੀ! (ਆਤਮਕ ਗੁਣਾਂ ਤੋਂ ਬਿਨਾ ਆਤਮਕ ਸੁਖ ਨਹੀਂ ਹੋ ਸਕਦਾ, ਤੇ ਪਰਮਾਤਮਾ ਦੇ ਨਾਮ ਤੋਂ ਬਿਨਾ ਗੁਣ ਪੈਦਾ ਨਹੀਂ ਹੋ ਸਕਦੇ) ਗੁਣਾਂ ਦੀ ਖ਼ਾਤਰ ਪਰਮਾਤਮਾ ਦੇ ਗੁਣਾਂ ਦੀ ਦਾਸੀ ਬਣ, ਤਦੋਂ ਹੀ ਆਤਮਕ ਸੁਖ ਸੁਖ ਹੋਵੇਗਾ।
2291	56	ਅਵਗਣ ਤਿਆਗਿ ਸਮਾਈਐ ਗੁਰਮਤਿ ਪੂਰਾ ਸੋਇ॥੧॥ਰਹਾਉ॥		Avagan Thiaag Samaaeeai Guramath Pooraa Soe ||1|| Rehaao ||	Renouncing wrongful actions, following the Guru's Teachings, you shall be absorbed into the Perfect One. ||1||Pause||	ਔਗੁਣਾਂ ਨੂੰ ਛੱਡ ਕੇ ਹੀ ਪ੍ਰਭੂ-ਚਰਨਾਂ ਵਿਚ ਲੀਨ ਹੋ ਸਕੀਦਾ ਹੈ, ਗੁਰੂ ਦੀ ਮਤਿ ਉੱਤੇ ਤੁਰਿਆਂ ਹੀ ਉਹ ਪੂਰਾ ਪ੍ਰਭੂ ਮਿਲਦਾ ਹੈ ॥੧॥ ਰਹਾਉ ॥
2292	56	ਵਿਣੁ ਰਾਸੀ ਵਾਪਾਰੀਆ ਤਕੇ ਕੁੰਡਾ ਚਾਰਿ॥	ਤੱਕੇ	Vin Raasee Vaapaareeaa Thakae Kunddaa Chaar ||	Without capital, the trader looks around in all four directions.	ਸਰਮਾਏ ਤੋਂ ਬਿਨਾ ਵਪਾਰੀ (ਨਫ਼ੇ ਵਾਸਤੇ ਵਿਅਰਥ ਹੀ) ਚੌਹੀਂ ਪਾਸੀਂ ਤੱਕਦਾ ਹੈ।

2293	56	ਮੂਲੁ ਨ ਬੁਝੈ ਆਪਣਾ ਵਸਤੁ ਰਹੀ ਘਰ ਬਾਰਿ॥		Mool N Bujhai Aapanaa Vasath Rehee Ghar Baar ||	He does not understand his own origins; the merchandise remains within the door of his own house.	ਜੇਹੜਾ ਮਨੁੱਖ (ਆਪਣੀ ਜ਼ਿੰਦਗੀ ਦੇ) ਮੂਲ-ਪ੍ਰਭੂ ਨੂੰ ਨਹੀਂ ਸਮਝਦਾ, ਉਸ ਦਾ ਅਸਲ ਸਰਮਾਇਆ ਉਸ ਦੇ ਹਿਰਦੇ-ਘਰ ਅੰਦਰ ਹੀ (ਅਣਪਛਾਤਾ) ਪਿਆ ਰਹਿੰਦਾ ਹੈ।
2294	56	ਵਿਣੁ ਵਖਰ ਦੁਖੁ ਅਗਲਾ ਕੂੜਿ ਮੁਠੀ ਕੂੜਿਆਰਿ॥੨॥		Vin Vakhar Dhukh Agalaa Koorr Muthee Koorriaar ||2||	Without this commodity, there is great pain. The false are ruined by falsehood. ||2||	ਨਾਸਵੰਤ ਪਦਾਰਥਾਂ ਦੀ ਵਪਾਰਨ (ਜੀਵ-ਇਸਤ੍ਰੀ) ਕੂੜ ਵਿਚ ਲੱਗ ਕੇ (ਆਤਮਕ ਗੁਣਾਂ ਵਲੋਂ) ਲੁੱਟੀ ਜਾ ਰਹੀ ਹੈ, ਨਾਮ-ਵੱਖਰ ਤੋਂ ਵਾਂਜੇ ਰਹਿ ਕੇ ਉਸ ਨੂੰ ਬਹੁਤ ਆਤਮਕ ਕਲੇਸ਼ ਵਿਆਪਦਾ ਹੈ ॥੨॥
2295	56	ਲਾਹਾ ਅਹਿ ਨਿਸਿ ਨਉਤਨਾ ਪਰਖੇ ਰਤਨੁ ਵੀਚਾਰਿ॥	(ਨਉਤਨਾ) ਨਵਾਂ	Laahaa Ahinis Nouthanaa Parakhae Rathan Veechaar ||	One who contemplates and appraises this Jewel day and night reaps new profits.	ਜੇਹੜਾ ਮਨੁੱਖ ਸੋਚ ਸਮਝ ਕੇ ਨਾਮ-ਰਤਨ ਨੂੰ ਪਰਖਦਾ ਹੈ (ਨਾਮ ਦੀ ਕੀਮਤ ਪਾਂਦਾ ਹੈ) ਉਸ ਨੂੰ ਦਿਨ ਰਾਤਿ (ਆਤਮਕ ਗੁਣਾਂ ਦਾ ਨਿੱਤ) ਨਵਾਂ ਨਫ਼ਾ ਪੈਂਦਾ ਹੈ।
2296	56	ਵਸਤੁ ਲਹੈ ਘਰਿ ਆਪਣੈ ਚਲੈ ਕਾਰਜੁ ਸਾਰਿ॥		Vasath Lehai Ghar Aapanai Chalai Kaaraj Saar ||	He finds the merchandise within his own home, and departs after arranging his affairs.	ਉਹ ਮਨੁੱਖ ਆਪਣੇ ਹਿਰਦੇ ਵਿਚ ਹੀ ਆਪਣਾ ਅਸਲ ਸਰਮਾਇਆ ਲੱਭ ਲੈਂਦਾ ਹੈ, ਤੇ ਆਪਣੀ ਜ਼ਿੰਦਗੀ ਦਾ ਮਨੋਰਥ ਸਿਰੇ ਚਾੜ੍ਹ ਕੇ ਇਥੋਂ ਜਾਂਦਾ ਹੈ,

2297	56	ਵਣਜਾਰਿਆ ਸਿਉ ਵਣਜੁ ਕਰਿ ਗੁਰਮੁਖਿ ਬ੍ਰਹਮੁ ਬੀਚਾਰਿ॥੩॥		Vanajaariaa Sio Vanaj Kar Guramukh Breham Beechaar ||3||	So trade with the true traders, and as Gurmukh, contemplate God. ||3||	ਜੇਹੜਾ ਮਨੁੱਖ ਨਾਮ ਦੇ ਵਪਾਰੀ ਸਤਸੰਗੀਆਂ ਨਾਲ ਮਿਲ ਕੇ ਨਾਮ ਦਾ ਵਣਜ ਕਰਦਾ ਹੈ, ਜੋ ਗੁਰੂ ਦੀ ਸਰਨ ਪੈ ਕੇ ਪਰਮਾਤਮਾ (ਦੇ ਗੁਣਾਂ) ਨੂੰ ਆਪਣੇ ਸੋਚ-ਮੰਡਲ ਵਿਚ ਲਿਆਉਂਦਾ ਹੈ ॥੩॥
2298	56	ਸੰਤਾਂ ਸੰਗਤਿ ਪਾਈਐ ਜੇ ਮੇਲੇ ਮੇਲਣਹਾਰੁ॥		Santhaan Sangath Paaeeai Jae Maelae Maelanehaar ||	In the Society of the Saints, He is found, if the Uniter unites us.	(ਪਰਮਾਤਮਾ ਆਪ ਹੀ ਆਤਮਕ ਗੁਣਾਂ ਦਾ ਖ਼ਜ਼ਾਨਾ ਲਭਾ ਸਕਦਾ ਹੈ) ਜੇ ਉਸ ਖ਼ਜ਼ਾਨੇ ਨਾਲ ਮਿਲਾਪ-ਕਰਾਣ-ਦੇ-ਸਮਰੱਥ ਪ੍ਰਭੂ ਆਪ ਮਿਲਾਪ ਕਰਾ ਦੇਵੇ, ਤਾਂ ਉਹ ਖ਼ਜ਼ਾਨਾ ਸੰਤਾਂ ਦੀ ਸੰਗਤਿ ਵਿਚ ਰਿਹਾਂ ਲੱਭ ਸਕਦਾ ਹੈ।
2299	56	ਮਿਲਿਆ ਹੋਇ ਨ ਵਿਛੁੜੈ ਜਿਸੁ ਅੰਤਰਿ ਜੋਤਿ ਅਪਾਰ॥		Miliaa Hoe N Vishhurrai Jis Anthar Joth Apaar ||	One whose heart is filled with His Infinite Light meets with Him, and shall never again be separated from Him.	ਤੇ ਜਿਸ ਮਨੁੱਖ ਦੇ ਅੰਦਰ ਬੇਅੰਤ ਪ੍ਰਭੂ ਦੀ ਜੋਤਿ (ਇਕ ਵਾਰੀ ਜਗ ਪਏ) ਉਹ ਪ੍ਰਭੂ-ਚਰਨਾਂ ਵਿਚ ਮਿਲਿਆ ਹੋਇਆ ਮੁੜ ਵਿੱਛੁੜਦਾ ਨਹੀਂ,
2300	56	ਸਚੈ ਆਸਣਿ ਸਚਿ ਰਹੈ ਸਚੈ ਪ੍ਰੇਮ ਪਿਆਰ॥੪॥		Sachai Aasan Sach Rehai Sachai Praem Piaar ||4||	True is his position; he abides in Truth, with love and affection for the True One. ||4||	ਕਿਉਂਕਿ ਉਹ ਅਡੋਲ (ਆਤਮਕ) ਆਸਣ ਉੱਤੇ ਬੈਠ ਜਾਂਦਾ ਹੈ, ਉਹ ਸਦਾ-ਥਿਰ ਪ੍ਰਭੂ ਵਿਚ ਲਿਵ ਲਾ ਲੈਂਦਾ ਹੈ, ਉਹ ਆਪਣਾ ਪ੍ਰੇਮ-ਪਿਆਰ ਸਦਾ-ਥਿਰ ਪ੍ਰਭੂ ਵਿਚ ਪਾ ਲੈਂਦਾ ਹੈ ॥੪॥

2301	56	ਜਿਨੀ ਆਪੁ ਪਛਾਣਿਆ ਘਰ ਮਹਿ ਮਹਲੁ ਸੁਥਾਇ॥		Jinee Aap Pashhaaniaa Ghar Mehi Mehal Suthhaae ||	One who understands himself finds the Mansion of the Lord's Presence within his own home.	(ਗੁਰੂ ਦੀ ਮਤਿ ਉਤੇ ਤੁਰ ਕੇ) ਜਿਨ੍ਹਾਂ ਨੇ ਆਪਣੇ ਆਪ ਨੂੰ ਪਛਾਣ ਲਿਆ ਹੈ, ਉਹਨਾਂ ਨੂੰ ਆਪਣੇ ਹਿਰਦੇ-ਰੂਪ ਸੋਹਣੇ ਥਾਂ ਵਿਚ ਹੀ ਪਰਮਾਤਮਾ ਦਾ ਨਿਵਾਸ-ਥਾਂ ਲੱਭ ਪੈਂਦਾ ਹੈ।
2302	56	ਸਚੇ ਸੇਤੀ ਰਤਿਆ ਸਚੋ ਪਲੈ ਪਾਇ॥		Sachae Saethee Rathiaa Sacho Palai Paae ||	Imbued with the True Lord, Truth is gathered in.	ਸਦਾ-ਥਿਰ ਪ੍ਰਭੂ ਦੇ ਪਿਆਰ-ਰੰਗ ਵਿਚ ਰੰਗੇ ਰਹਿਣ ਦੇ ਕਾਰਨ ਉਹਨਾਂ ਨੂੰ ਉਹ ਸਦਾ ਕਾਇਮ ਰਹਿਣ ਵਾਲਾ ਮਿਲ ਪੈਂਦਾ ਹੈ।
2303	57	ਤ੍ਰਿਭਵਣਿ ਸੋ ਪ੍ਰਭੁ ਜਾਣੀਐ ਸਾਚੋ ਸਾਚੈ ਨਾਇ॥੫॥		Thribhavan So Prabh Jaaneeai Saacho Saachai Naae ||5||	God is known throughout the three worlds. True is the Name of the True One. ||5||	(ਹੇ ਭੋਲੀ ਜੀਵ-ਇਸਤ੍ਰੀ!) ਜੇ ਸੱਚੇ ਪ੍ਰਭੂ ਦੇ ਨਾਮ ਵਿਚ ਜੁੜੇ ਰਹੀਏ, ਤਾਂ ਉਸ ਸਦਾ-ਥਿਰ ਪ੍ਰਭੂ ਨੂੰ ਤਿੰਨਾਂ ਭਵਨਾਂ ਵਿਚ ਵਿਆਪਕ ਪਛਾਣ ਲਈਦਾ ਹੈ ॥੫॥
2304	57	ਸਾ ਧਨ ਖਰੀ ਸੁਹਾਵਣੀ ਜਿਨਿ ਪਿਰੁ ਜਾਤਾ ਸੰਗਿ॥		Saa Dhhan Kharee Suhaavanee Jin Pir Jaathaa Sang ||	The wife who knows that her Husband Lord is always with her is very beautiful.	(ਗੁਰੂ ਦੀ ਸਰਨ ਪੈ ਕੇ) ਜਿਸ ਜੀਵ-ਇਸਤ੍ਰੀ ਨੇ ਪਤੀ-ਪ੍ਰਭੂ ਨੂੰ ਆਪਣੇ ਅੰਗ-ਸੰਗ ਸਮਝ ਲਿਆ ਹੈ, ਉਹ ਜੀਵ-ਇਸਤ੍ਰੀ ਸਚ-ਮੁਚ ਸੋਹਣੀ (ਸੋਹਣੀ ਜੀਵਨ ਵਾਲੀ) ਹੋ ਜਾਂਦੀ ਹੈ।
2305	57	ਮਹਲੀ ਮਹਲਿ ਬੁਲਾਈਐ ਸੋ ਪਿਰੁ ਰਾਵੈ ਰੰਗਿ॥		Mehalee Mehal Bulaaeeai So Pir Raavae Rang ||	The soul-bride is called to the Mansion of the His Presence, and her Husband Lord ravishes her with love.	ਉਹ ਜੀਵ-ਇਸਤ੍ਰੀ ਪ੍ਰਭੂ ਦੇ ਮਹਲ ਵਿਚ ਸੱਦੀ ਜਾਂਦੀ ਹੈ, ਉਹ ਪ੍ਰਭੂ ਪਤੀ ਪ੍ਰੇਮ-ਰੰਗ ਵਿਚ ਆ ਕੇ ਉਸ ਨੂੰ ਪਿਆਰ ਕਰਦਾ ਹੈ,

2306	57	ਸਚਿ ਸੁਹਾਗਣਿ ਸਾ ਭਲੀ ਪਿਰਿ ਮੋਹੀ ਗੁਣ ਸੰਗਿ॥੬॥		Sach Suhaagan Saa Bhalee Pir Mohee Gun Sang ||6||	The happy soul-bride is true and good; she is fascinated by the Glories of her Husband Lord. ||6||	ਪਤੀ-ਪ੍ਰਭੂ ਨੇ ਆਤਮਕ ਗੁਣਾਂ ਨਾਲ ਉਸ ਨੂੰ ਅਜੇਹਾ ਮੋਹ ਲਿਆ ਹੁੰਦਾ ਹੈ ਕਿ ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਕੇ ਸੁਹਾਗ ਭਾਗ ਵਾਲੀ ਨੇਕ ਬਣ ਜਾਂਦੀ ਹੈ ॥੬॥
2307	57	ਭੂਲੀ ਭੂਲੀ ਥਲਿ ਚੜਾ ਥਲਿ ਚੜਿ ਡੂਗਰਿ ਜਾਉ॥	ਚੜ੍ਹਾਂ ਚੜ੍ਹਿ	Bhoolee Bhoolee Thhal Charraa Thhal Charr Ddoogar Jaao ||	Wandering around and making mistakes, I climb the plateau; having climbed the plateau, I go up the mountain.	(ਆਤਮਕ ਗੁਣਾਂ ਦੇ ਵਣਜ ਤੋਂ ਖੁੰਝ ਕੇ, ਜੀਵਨ ਦੇ ਸਹੀ ਰਸਤੇ ਤੋਂ) ਭੁੱਲ ਕੇ ਜੇ ਮੈਂ (ਦੁਨੀਆ ਛੱਡ ਕੇ ਭੀ) ਸਾਰੀ ਧਰਤੀ ਉਤੇ ਫਿਰਦੀ ਰਹਾਂ, ਧਰਤੀ ਉੱਤੇ ਭ੍ਰਮਣ ਕਰ ਕੇ ਫਿਰ ਜੇ ਮੈਂ ਪਹਾੜ ਉੱਤੇ ਭੀ ਜਾ ਚੜ੍ਹਾਂ (ਜੇ ਮੈਂ ਕਿਸੇ ਪਹਾੜ ਦੀ ਗੁਫ਼ਾ ਵਿਚ ਭੀ ਜਾ ਟਿਕਾਂ।)
2308	57	ਬਨ ਮਹਿ ਭੂਲੀ ਜੇ ਫਿਰਾ ਬਿਨੁ ਗੁਰ ਬੂਝ ਨ ਪਾਉ॥		Ban Mehi Bhoolee Jae Firaa Bin Gur Boojh N Paao ||	But now I have lost my way, and I am wandering around in the forest; without the Guru, I do not understand.	(ਸਹੀ ਰਸਤੇ ਤੋਂ) ਖੁੰਝ ਕੇ ਜੇ ਮੈਂ ਜੰਗਲਾਂ ਵਿਚ ਭਟਕਦੀ ਫਿਰਾਂ, ਤਾਂ ਭੀ ਮੈਨੂੰ (ਆਤਮਕ ਰਸਤੇ ਦੀ) ਸਹੀ ਸਮਝ ਨਹੀਂ ਪੈ ਸਕਦੀ, ਕਿਉਂਕਿ ਗੁਰੂ ਤੋਂ ਬਿਨਾ ਇਸ ਰਸਤੇ ਦੀ ਸੂਝ ਨਹੀਂ ਪੈਂਦੀ।
2309	57	ਨਾਵਹੁ ਭੂਲੀ ਜੇ ਫਿਰਾ ਫਿਰਿ ਫਿਰਿ ਆਵਉ ਜਾਉ॥੭॥	ਫਿਰਾਂ	Naavahu Bhoolee Jae Firaa Fir Fir Aavo Jaao ||7||	If I wander around forgetting God's Name, I shall continue coming and going in reincarnation, over and over again. ||7||	ਜੇ ਮੈਂ ਪਰਮਾਤਮਾ ਦੇ ਨਾਮ ਤੋਂ ਖੁੰਝੀ ਹੋਈ (ਜੰਗਲਾਂ ਪਹਾੜਾਂ ਵਿਚ) ਫਿਰਦੀ ਰਹਾਂ, ਤਾਂ ਮੈਂ ਮੁੜ ਮੁੜ ਜਨਮ ਮਰਨ ਦਾ ਗੇੜ ਸਹੇੜ ਲਵਾਂਗੀ ॥੭॥

2310	57	ਪੁਛਹੁ ਜਾਇ ਪਧਾਊਆ ਚਲੇ ਚਾਕਰ ਹੋਇ॥		Pushhahu Jaae Padhhaaooaa Chalae Chaakar Hoe ||	Go and ask the travellers, how to walk on the Path as His slave.	(ਹੇ ਭੋਲੀ ਜੀਵ-ਇਸਤ੍ਰੀ! ਜੇ ਜੀਵਨ ਦਾ ਸਹੀ ਰਸਤਾ ਲੱਭਣਾ ਹੈ ਤਾਂ) ਜਾ ਕੇ ਉਹਨਾਂ (ਆਤਮ-) ਰਾਹੀਆਂ ਨੂੰ ਪੁੱਛ ਜੇਹੜੇ (ਪ੍ਰਭੂ-ਦਰ ਦੇ) ਸੇਵਕ ਬਣ ਕੇ (ਜੀਵਨ-ਰਸਤੇ ਉਤੇ) ਤੁਰ ਰਹੇ ਹਨ,
2311	57	ਰਾਜਨੁ ਜਾਣਹਿ ਆਪਣਾ ਦਰਿ ਘਰਿ ਠਾਕ ਨ ਹੋਇ॥		Raajan Jaanehi Aapanaa Dhar Ghar Thaak N Hoe ||	They know the Lord to be their King, and at the Door to His Home, their way is not blocked.	ਉਹ (ਇਸ ਸ੍ਰਿਸ਼ਟੀ ਦੇ ਮਾਲਕ) ਪਾਤਿਸ਼ਾਹ ਨੂੰ ਆਪਣਾ ਸਮਝਦੇ ਹਨ, ਉਹਨਾਂ ਨੂੰ ਪ੍ਰਭੂ ਪਾਤਿਸ਼ਾਹ ਦੇ ਦਰ ਤੇ ਘਰ ਵਿਚ (ਜਾਣੇਂ) ਕੋਈ ਰੋਕ ਨਹੀਂ ਹੁੰਦੀ।
2312	57	ਨਾਨਕ ਏਕੋ ਰਵਿ ਰਹਿਆ ਦੂਜਾ ਅਵਰੁ ਨ ਕੋਇ॥੮॥੬॥		Naanak Eaeko Rav Rehiaa Dhoojaa Avar N Koe ||8||6||	O Nanak, the One is pervading everywhere; there is no other at all. ||8||6||	ਹੇ ਨਾਨਕ! ਉਹਨਾਂ ਨੂੰ ਹਰ ਥਾਂ ਇਕ ਪਰਮਾਤਮਾ ਹੀ ਮੌਜੂਦ ਦਿੱਸਦਾ ਹੈ, ਕਿਤੇ ਵੀ ਉਹਨਾਂ ਨੂੰ ਉਹ ਤੋਂ ਬਿਨਾ ਕੋਈ ਹੋਰ ਨਹੀਂ ਦਿੱਸਦਾ ॥੮॥੬॥{56-57}
2313	57	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
2314	57	ਗੁਰ ਤੇ ਨਿਰਮਲੁ ਜਾਣੀਐ ਨਿਰਮਲ ਦੇਹ ਸਰੀਰੁ॥		Gur Thae Niramal Jaaneeai Niramal Dhaeh Sareer ||	Through the Guru, the Pure One is known, and the human body becomes pure as well.	(ਹੇ ਭਾਈ!) ਗੁਰੂ ਦੀ ਰਾਹੀਂ ਹੀ ਉਸ ਪਵਿਤ੍ਰ ਨਾਮ-ਜਲ ਨਾਲ ਸਾਂਝ ਪੈਂਦੀ ਹੈ, ਤੇ ਮਨੁੱਖ ਦਾ ਸਰੀਰ ਪਵਿਤ੍ਰ ਹੋ ਜਾਂਦਾ ਹੈ (ਭਾਵ, ਸਾਰੇ ਗਿਆਨ-ਇੰਦ੍ਰੇ ਵਿਕਾਰਾਂ ਦੀ ਮੈਲ ਤੋਂ ਬਚੇ ਰਹਿੰਦੇ ਹਨ)।

2315	57	ਨਿਰਮਲੁ ਸਾਚੋ ਮਨਿ ਵਸੈ ਸੋ ਜਾਣੈ ਅਭ ਪੀਰ॥	ਅਭ:ਪੋਲਾ ਬੋਲੋ। (ਅਭ)ਰਿਦਾ	Niramal Saacho Man Vasai So Jaanai Abh Peer ||	The Pure, True Lord abides within the mind; He knows the pain of our hearts.	(ਗੁਰੂ ਦੀ ਕਿਰਪਾ ਨਾਲ) ਉਹ ਸਦਾ-ਥਿਰ ਪਵਿਤ੍ਰ ਪ੍ਰਭੂ ਜੋ ਮਨੁੱਖ ਦੀ ਅੰਦਰਲੀ ਵੇਦਨ ਜਾਣਦਾ ਹੈ ਮਨੁੱਖ ਦੇ ਮਨ ਵਿਚ ਆ ਪਰਗਟਦਾ ਹੈ।
2316	57	ਸਹਜੈ ਤੇ ਸੁਖੁ ਅਗਲੋ ਨਾ ਲਾਗੈ ਜਮ ਤੀਰੁ॥੧॥		Sehajai Thae Sukh Agalo Naa Laagai Jam Theer ||1||	With intuitive ease, a great peace is found, and the arrow of death shall not strike you. ||1||	(ਇਸ ਪ੍ਰਕਾਸ਼ ਦੀ ਬਰਕਤਿ ਨਾਲ ਮਨ ਸਹਜ ਅਵਸਥਾ ਵਿਚ ਟਿਕ ਜਾਂਦਾ ਹੈ) ਸਹਜ ਅਵਸਥਾ ਤੋਂ ਬਹੁਤ ਆਤਮਕ ਆਨੰਦ ਉਪਜਦਾ ਹੈ, ਜਮ ਦਾ ਤੀਰ ਭੀ ਨਹੀਂ ਪੋਂਹਦਾ (ਮੌਤ ਦਾ ਡਰ ਨਹੀਂ ਵਿਆਪਦਾ) ॥੧॥
2317	57	ਭਾਈ ਰੇ ਮੈਲੁ ਨਾਹੀ ਨਿਰਮਲ ਜਲਿ ਨਾਇ॥		Bhaaee Rae Mail Naahee Niramal Jal Naae ||	O Siblings of Destiny, filth is washed away by bathing in the Pure Water of the Name.	ਹੇ ਭਾਈ! (ਜਿਵੇਂ ਸਾਫ਼ ਪਾਣੀ ਵਿਚ ਨ੍ਹਾਤਿਆਂ ਸਰੀਰ ਦੀ ਮੈਲ ਲਹਿ ਜਾਂਦੀ ਹੈ, ਤਿਵੇਂ ਪਰਮਾਤਮਾ ਦੇ) ਪਵਿਤ੍ਰ ਨਾਮ-ਜਲ ਵਿਚ ਇਸ਼ਨਾਨ ਕੀਤਿਆਂ ਮਨ ਉੱਤੇ (ਵਿਕਾਰਾਂ ਦੀ) ਮੈਲ ਨਹੀਂ ਰਹਿ ਜਾਂਦੀ।

2318	57	ਨਿਰਮਲੁ ਸਾਚਾ ਏਕੁ ਤੂ ਹੋਰੁ ਮੈਲੁ ਭਰੀ ਸਭ ਜਾਇ॥੧॥ਰਹਾਉ॥		Niramal Saachaa Eaek Thoo Hor Mail Bharee Sabh Jaae ||1|| Rehaao ||	You alone are Perfectly Pure, O True Lord; all other places are filled with filth. ||1||Pause||	(ਇਸ ਵਾਸਤੇ, ਹੇ ਭਾਈ! ਉਸ ਆਤਮਕ ਇਸ਼ਨਾਨ ਦੀ ਖ਼ਾਤਰ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰ ਤੇ ਆਖ-ਹੇ ਪ੍ਰਭੂ!) ਸਿਰਫ਼ ਤੂੰ ਸਦਾ-ਥਿਰ ਪ੍ਰਭੂ ਹੀ ਪਵਿਤ੍ਰ ਹੈਂ, ਬਾਕੀ ਹੋਰ ਹਰੇਕ ਥਾਂ (ਮਾਇਆ ਦੇ ਮੋਹ ਦੀ) ਮੈਲ ਨਾਲ ਭਰੀ ਹੋਈ ਹੈ ॥੧॥ ਰਹਾਉ ॥
2319	57	ਹਰਿ ਕਾ ਮੰਦਰੁ ਸੋਹਣਾ ਕੀਆ ਕਰਣੈਹਾਰਿ॥		Har Kaa Mandhar Sohanaa Keeaa Karanaihaar ||	The Temple of the Lord is beautiful; it was made by the Creator Lord.	(ਜਿਸ ਮਨੁੱਖ ਉਤੇ ਗੁਰੂ ਤਰੁੱਠਦਾ ਹੈ, ਉਸ ਦੇ ਹਿਰਦੇ ਨੂੰ ਸ੍ਰਿਸ਼ਟੀ ਦੇ ਰਚਨਹਾਰ) ਕਰਤਾਰ ਨੇ (ਆਪਣੇ ਰਹਿਣ ਲਈ) ਸੋਹਣਾ ਮਹਲ ਬਣਾ ਲਿਆ ਹੈ।
2320	57	ਰਵਿ ਸਸਿਦੀਪ ਅਨੂਪ ਜੋਤਿ ਤ੍ਰਿਭਵਣਿ ਜੋਤਿ ਅਪਾਰ॥	ਸਸਿ: ਪੋਲਾ ਬੋਲੋ	Rav Sas Dheep Anoop Joth Thribhavan Joth Apaar ||	The sun and the moon are lamps of incomparably beautiful light. Throughout the three worlds, the Infinite Light is pervading.	ਤਿੰਨਾਂ ਭਵਨਾਂ ਵਿਚ ਵਿਆਪਕ ਬੇਅੰਤ ਪ੍ਰਭੂ ਦੀ ਅਨੂਪ ਜੋਤਿ ਉਸ ਦੇ ਅੰਦਰ ਜਗ ਪੈਂਦੀ ਹੈ; ਉਸ ਦੇ ਅੰਦਰ ਸੂਰਜ ਤੇ ਚੰਦ (ਮਾਨੋ) ਦੀਵੇ ਜਗ ਪੈਂਦੇ ਹਨ (ਭਾਵ, ਉਸ ਦੇ ਅੰਦਰ ਅਗਿਆਨਤਾ ਦਾ ਹਨੇਰਾ ਦੂਰ ਕਰਨ ਵਾਲਾ ਗਿਆਨ ਸੂਰਜ ਤੇ ਕਾਮ ਕ੍ਰੋਧ ਆਦਿਕ ਦੀ ਤਪਸ਼ ਨੂੰ ਬੁਝਾਣ ਵਾਲੀ ਸ਼ਾਂਤ ਅਵਸਥਾ ਦਾ ਚੰਦ ਚੜ੍ਹ ਪੈਂਦਾ ਹੈ।)

2321	57	ਹਾਟ ਪਟਣ ਗੜ ਕੋਠੜੀਸਚੁ ਸਉਦਾ ਵਾਪਾਰ॥੨॥	(ਹਾਟ) ਹੱਟੀ। ਹਾਟ:ਪੋਲਾ ਬੋਲੋ। (ਪਟਣ) ਸ਼ਹਿਰ। (ਗੜ੍) ਕਿਲਾ। (ਕੋਠੜੀ) ਮਕਾਨ	Haatt Pattan Garr Kotharree Sach Soudhaa Vaapaar ||2||	In the shops of the city of the body, in the fortresses and in the huts, the True Merchandise is traded. ||2||	??? ॥੨॥
2322	57	ਗਿਆਨ ਅੰਜਨੁ ਭੈ ਭੰਜਨਾ ਦੇਖੁ ਨਿਰੰਜਨ ਭਾਇ॥		Giaan Anjan Bhai Bhanjanaa Dhaekh Niranjan Bhaae ||	The ointment of spiritual wisdom is the destroyer of fear; through love, the Pure One is seen.	(ਹੇ ਭਾਈ! ਤੂੰ) ਪ੍ਰਭੂ ਦੀ ਰਜ਼ਾ ਵਿਚ ਰਹਿ ਕੇ ਸਭ ਡਰ ਨਾਸ ਕਰਨ ਵਾਲਾ ਗਿਆਨ ਦਾ ਸੁਰਮਾ ਵਰਤ ਕੇ (ਉਸ ਨੂੰ ਹਰ ਥਾਂ ਵਿਆਪਕ) ਵੇਖ ਲੈ (ਵੇਖ ਸਕਦਾ ਹੈਂ)।
2323	57	ਗੁਪਤੁ ਪ੍ਰਗਟੁ ਸਭ ਜਾਣੀਐ ਜੇ ਮਨੁ ਰਾਖੈ ਠਾਇ॥		Gupath Pragatt Sabh Jaaneeai Jae Man Raakhai Thaae ||	The mysteries of the seen and the unseen are all known, if the mind is kept centered and balanced.	ਜੇ ਮਨੁੱਖ ਆਪਣੇ ਮਨ ਨੂੰ ਇੱਕ ਟਿਕਾਣੇ ਤੇ ਰੱਖੇ, ਤਾਂ ਉਸ ਨੂੰ ਦਿੱਸਦੇ ਅਣ-ਦਿੱਸਦੇ ਜਗਤ ਵਿਚ ਹਰ ਥਾਂ ਪਰਮਾਤਮਾ ਹੀ ਵੱਸਦਾ ਪਰਤੀਤ ਹੁੰਦਾ ਹੈ।
2324	57	ਐਸਾ ਸਤਿਗੁਰੁ ਜੇ ਮਿਲੈ ਤਾ ਸਹਜੇ ਲਏ ਮਿਲਾਇ॥੩॥		Aisaa Sathigur Jae Milai Thaa Sehajae Leae Milaae ||3||	If one finds such a True Guru, the Lord is met with intuitive ease. ||3||	ਸਭ ਡਰ ਨਾਸ ਕਰਨ ਵਾਲਾ ਗਿਆਨ ਦਾ ਸੁਰਮਾ ਦੇਣ ਵਾਲਾ ਗੁਰੂ ਜੇ ਮਿਲ ਪਏ ਤਾਂ ਉਸ ਮਨੁੱਖ ਨੂੰ ਅਡੋਲ ਆਤਮਕ ਅਵਸਥਾ ਵਿਚ ਜੋੜ ਦੇਂਦਾ ਹੈ ॥੩॥

2325	57	ਕਸਿ ਕਸਵਟੀ ਲਾਈਐ ਪਰਖੇਹਿਤੁ ਚਿਤੁ ਲਾਇ॥	ਕਸਿ: ਪੋਲਾ ਬੋਲੋ। ਕਸਵੱਟੀ। ਹਿਤੁ: ਪੋਲਾ ਬੋਲੋ। ਚਿੱਤੁ	Kas Kasavattee Laaeeai Parakhae Hith Chith Laae ||	He draws us to His Touchstone, to test our love and consciousness.	(ਜਿਵੇਂ ਸੋਨੇ ਨੂੰ ਪਰਖਣ ਲਈ) ਕਸਵੱਟੀ ਉਤੇ ਕੱਸ ਲਈਦੀ ਹੈ (ਤਿਵੇਂ ਕਰਤਾਰ ਆਪਣੇ ਪੈਦਾ ਕੀਤੇ ਬੰਦਿਆਂ ਦੇ ਆਤਮਕ ਜੀਵਨ ਨੂੰ) ਬੜੇ ਪਿਆਰ ਨਾਲ ਧਿਆਨ ਲਾ ਕੇ ਪਰਖਦਾ ਹੈ,
2326	57	ਖੋਟੇ ਠਉਰ ਨ ਪਾਇਨੀ ਖਰੇ ਖਜਾਨੈ ਪਾਇ॥		Khottae Thour N Paaeinee Kharae Khajaanai Paae ||	The counterfeit have no place there, but the genuine are placed in His Treasury.	ਖੋਟਿਆਂ ਨੂੰ (ਉਸ ਦੇ ਦਰ ਤੇ) ਥਾਂ ਨਹੀਂ ਮਿਲਦੀ, ਖਰਿਆਂ ਨੂੰ ਉਹ ਆਪਣੇ ਖ਼ਜ਼ਾਨੇ ਵਿਚ ਸ਼ਾਮਿਲ ਕਰ ਲੈਂਦਾ ਹੈ।
2327	57	ਆਸ ਅੰਦੇਸਾ ਦੂਰਿ ਕਰਿ ਇਉ ਮਲੁ ਜਾਇ ਸਮਾਇ॥੪॥		Aas Andhaesaa Dhoor Kar Eio Mal Jaae Samaae ||4||	Let your hopes and anxieties depart; thus pollution is washed away. ||4||	(ਹੇ ਭਾਈ! ਗੁਰੂ ਦੀ ਸਰਨ ਪੈ ਕੇ ਆਪਣੇ ਅੰਦਰੋਂ ਦੁਨੀਆ ਵਾਲੀਆਂ) ਆਸਾਂ ਤੇ ਸਹਮ ਕੱਢ, ਇਹ ਉੱਦਮ ਕਰਨ ਨਾਲ (ਮਨ ਦੀ ਵਿਕਾਰਾਂ ਦੀ) ਮੈਲ ਦੂਰ ਹੋ ਜਾਇਗੀ, (ਤੇ ਮਨ ਪ੍ਰਭੂ-ਚਰਨਾਂ ਵਿਚ ਲੀਨ ਹੋ ਜਾਇਗਾ ॥੪॥
2328	57	ਸੁਖ ਕਉ ਮਾਗੈ ਸਭੁ ਕੋ ਦੁਖੁ ਨ ਮਾਗੈ ਕੋਇ॥		Sukh Ko Maagai Sabh Ko Dhukh N Maagai Koe ||	Everyone begs for happiness; no one asks for suffering.	ਹਰੇਕ ਜੀਵ (ਦੁਨੀਆ ਵਾਲਾ) ਸੁਖ ਮੰਗਦਾ ਹੈ, ਕੋਈ ਭੀ ਦੁੱਖ ਨਹੀਂ ਮੰਗਦਾ;

2329	57	ਸੁਖੈ ਕਉ ਦੁਖੁ ਅਗਲਾ ਮਨਮੁਖਿ ਬੂਝ ਨ ਹੋਇ॥		Sukhai Ko Dhukh Agalaa Manamukh Boojh N Hoe ||	But in the wake of happiness, there comes great suffering. The self-willed manmukhs do not understand this.	ਪਰ (ਮਾਇਕ) ਸੁਖ ਨੂੰ ਦੁੱਖ-ਰੂਪ ਫਲ ਬਹੁਤ ਲੱਗਦਾ ਹੈ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਨੂੰ ਇਸ (ਭੇਤ) ਦੀ ਸਮਝ ਨਹੀਂ ਆਉਂਦੀ (ਉਹ ਦੁਨੀਆ ਵਾਲੇ ਸੁਖ ਹੀ ਮੰਗਦਾ ਰਹਿੰਦਾ ਹੈ ਤੇ ਨਾਮ ਤੋਂ ਵਾਂਜਿਆ ਰਹਿੰਦਾ ਹੈ)।
2330	57	ਸੁਖ ਦੁਖ ਸਮ ਕਰਿ ਜਾਣੀਅਹਿ ਸਬਦਿ ਭੇਦਿ ਸੁਖੁ ਹੋਇ॥੫॥	ਜਾਣੀ-ਅਹਿ	Sukh Dhukh Sam Kar Jaaneeahi Sabadh Bhaedh Sukh Hoe ||5||	Those who see pain and pleasure as one and the same find peace; they are pierced through by the Shabad. ||5||	(ਅਸਲ ਵਿਚ ਦੁਨੀਆ ਦੇ) ਸੁਖ ਤੇ ਦੁਖ ਇਕੋ ਜਿਹੇ ਹੀ ਸਮਝਣੇ ਚਾਹੀਦੇ ਹਨ। ਅਸਲ ਆਤਮਕ ਸੁਖ ਤਦੋਂ ਹੀ ਮਿਲਦਾ ਹੈ ਜੇ ਗੁਰੂ ਦੇ ਸ਼ਬਦ ਦੀ ਰਾਹੀਂ ਮਨ ਨੂੰ ਵਿੰਨ੍ਹ ਲਿਆ ਜਾਏ (ਮਨ ਨੂੰ ਨੱਥ ਕੇ ਦੁਨੀਆ ਦੇ ਮੌਜ-ਮੇਲਿਆਂ ਵਲੋਂ ਰੋਕ ਕੇ ਰੱਖਿਆ ਜਾਏ) ॥੫॥
2331	57	ਬੇਦੁ ਪੁਕਾਰੇ ਵਾਚੀਐ ਬਾਣੀ ਬ੍ਰਹਮ ਬਿਆਸੁ॥		Baedh Pukaarae Vaacheeai Baanee Breham Biaas ||	The Vedas proclaim, and the words of Vyaasa tell us,	ਬਿਆਸ ਰਿਸ਼ੀ (ਤਾਂ ਮੁੜ ਮੁੜ) ਵੇਦ ਨੂੰ ਹੀ ਉੱਚੀ ਉੱਚੀ ਉਚਾਰਦਾ ਹੈ, (ਪਰ ਹੇ ਭਾਈ!) ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਪੜ੍ਹਨੀ ਚਾਹੀਦੀ ਹੈ।

2332	57	ਮੁਨਿ ਜਨ ਸੇਵਕ ਸਾਧਿਕਾ ਨਾਮਿ ਰਤੇ ਗੁਣਤਾਸੁ॥		Mun Jan Saevak Saadhhikaa Naam Rathae Gunathaas ||	That the silent sages, the servants of the Lord, and those who practice a life of spiritual discipline are attuned to the Naam, the Treasure of Excellence.	ਅਸਲੀ ਮੁਨੀ ਲੋਕ ਸੇਵਕ ਤੇ ਸਾਧਿਕ ਉਹੀ ਹਨ ਜੋ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦੇ ਨਾਮ ਵਿਚ ਰੰਗੇ ਹੋਏ ਹਨ।
2333	57	ਸਚਿ ਰਤੇ ਸੇ ਜਿਣਿ ਗਏ ਹਉ ਸਦ ਬਲਿਹਾਰੈ ਜਾਸੁ॥੬॥		Sach Rathae Sae Jin Geae Ho Sadh Balihaarai Jaas ||6||	Those who are attuned to the True Name win the game of life; I am forever a sacrifice to them. ||6||	ਜੇਹੜੇ ਬੰਦੇ ਸਦਾ ਕਾਇਮ ਰਹਿਣ ਵਾਲੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ, ਉਹ (ਸੰਸਾਰ ਤੋਂ ਜੀਵਨ-ਬਾਜ਼ੀ) ਜਿੱਤ ਕੇ ਜਾਂਦੇ ਹਨ। ਮੈਂ ਭੀ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ ॥੬॥
2334	57	ਚਹੁ ਜੁਗਿ ਮੈਲੇ ਮਲੁ ਭਰੇ ਜਿਨ ਮੁਖਿ ਨਾਮੁ ਨ ਹੋਇ॥		Chahu Jug Mailae Mal Bharae Jin Mukh Naam N Hoe ||	Those who do not have the Naam in their mouths are filled with pollution; they are filthy throughout the four ages.	ਪਰ ਜਿਨ੍ਹਾਂ ਦੇ ਮੂੰਹ ਵਿਚ ਪ੍ਰਭੂ ਦਾ ਨਾਮ ਨਹੀਂ ਹੈ ਉਹ ਸਦਾ ਹੀ ਮੈਲੇ (ਮਨ ਵਾਲੇ) ਹਨ, (ਉਹਨਾਂ ਦੇ ਮਨ ਵਿਕਾਰਾਂ ਦੀ) ਮੈਲ ਨਾਲ ਭਰੇ ਰਹਿੰਦੇ ਹਨ।
2335	57	ਭਗਤੀ ਭਾਇ ਵਿਹੂਣਿਆ ਮੁਹੁ ਕਾਲਾ ਪਤਿ ਖੋਇ॥	ਕਾਲਾ: ਪੋਲਾ ਬੋਲੋ	Bhagathee Bhaae Vihooniaa Muhu Kaalaa Path Khoe ||	Without loving devotion to God, their faces are blackened, and their honor is lost.	ਪਰਮਾਤਮਾ ਦੀ ਭਗਤੀ ਤੇ ਪਿਆਰ ਤੋਂ ਵਾਂਜੇ ਬੰਦਿਆਂ ਦਾ ਮੂੰਹ (ਉਸ ਦੀ ਹਜ਼ੂਰੀ ਵਿਚ) ਕਾਲਾ (ਦਿੱਸਦਾ ਹੈ), ਉਹ ਆਪਣੀ ਇੱਜ਼ਤ ਗਵਾ ਕੇ (ਜਾਂਦੇ ਹਨ)।

2336	57	ਜਿਨੀ ਨਾਮੁ ਵਿਸਾਰਿਆ ਅਵਗਣ ਮੁਠੀ ਰੋਇ॥੭॥		Jinee Naam Visaariaa Avagan Muthee Roe ||7||	Those who have forgotten the Naam are plundered by evil; they weep and wail in dismay. ||7||	ਜਿਸ ਜਿਸ ਜੀਵ-ਇਸਤ੍ਰੀ ਨੇ ਪ੍ਰਭੂ ਦਾ ਨਾਮ ਭੁਲਾ ਦਿੱਤਾ ਹੈ, (ਉਸ ਦੇ ਆਤਮਕ ਸਰਮਾਏ ਨੂੰ ਔਗੁਣਾਂ ਨੇ ਲੁੱਟ ਲਿਆ ਹੈ, ਉਹ ਰੋਂਦੀ ਪਛਤਾਂਦੀ ਹੈ ॥੭॥
2337	57	ਖੋਜਤ ਖੋਜਤ ਪਾਇਆ ਡਰੁ ਕਰਿ ਮਿਲੈ ਮਿਲਾਇ॥		Khojath Khojath Paaeiaa Ddar Kar Milai Milaae ||	I searched and searched, and found God. In the Fear of God, I have been united in His Union.	(ਗੁਰੂ ਦੀ ਰਾਹੀਂ) ਭਾਲ ਕਰਦਿਆਂ ਕਰਦਿਆਂ ਇਹ ਗੱਲ ਲੱਭ ਪੈਂਦੀ ਹੈ ਕਿ ਪਰਮਾਤਮਾ ਦਾ ਡਰ-ਅਬਦ ਹਿਰਦੇ ਵਿਚ ਧਾਰਨ ਕੀਤਿਆਂ ਪਰਮਾਤਮਾ ਗੁਰੂ ਦਾ ਮਿਲਾਇਆ ਮਿਲ ਪੈਂਦਾ ਹੈ।
2338	57	ਆਪੁ ਪਛਾਣੈ ਘਰਿ ਵਸੈ ਹਉਮੈ ਤ੍ਰਿਸਨਾ ਜਾਇ॥		Aap Pashhaanai Ghar Vasai Houmai Thrisanaa Jaae ||	Through self-realization, people dwell within the home of their inner being; egotism and desire depart.	ਜੇਹੜਾ ਮਨੁੱਖ (ਗੁਰੂ ਦੀ ਸਰਨ ਪੈ ਕੇ) ਆਪਣੇ ਆਪ ਨੂੰ ਪਛਾਣਦਾ ਹੈ, ਉਸ ਦਾ ਮਨ ਬਾਹਰ ਭਟਕਣੋਂ ਹਟ ਕੇ ਅੰਤਰ ਆਤਮੇ ਹੀ ਟਿਕ ਜਾਂਦਾ, ਉਸ ਦੀ ਹਉਮੈ ਦੂਰ ਹੋ ਜਾਂਦੀ ਹੈ, ਉਸ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ।
2339	57	ਨਾਨਕ ਨਿਰਮਲ ਊਜਲੇ ਜੋ ਰਾਤੇ ਹਰਿ ਨਾਇ॥੮॥੭॥		Naanak Niramal Oojalae Jo Raathae Har Naae ||8||7||	O Nanak, those who are attuned to the Name of the Lord are immaculate and radiant. ||8||7||	ਹੇ ਨਾਨਕ! ਜੇਹੜੇ ਮਨੁੱਖ ਪ੍ਰਭੂ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ, ਉਹਨਾਂ ਦੇ ਜੀਵਨ ਪਵਿਤ੍ਰ ਤੇ ਰੌਸ਼ਨ ਹੋ ਜਾਂਦੇ ਹਨ ॥੮॥੭॥

2340	57	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
2341	57	ਸੁਣਿ ਮਨ ਭੂਲੇ ਬਾਵਰੇ ਗੁਰ ਕੀ ਚਰਣੀ ਲਾਗੁ॥		Sun Man Bhoolae Baavarae Gur Kee Charanee Laag ||	Listen, O deluded and demented mind: hold tight to the Guru's Feet.	ਹੇ ਕੁਰਾਹੇ-ਪਏ ਕਮਲੇ ਮਨ! (ਮੇਰੀ ਸਿੱਖਿਆ) ਸੁਣ (ਸਿੱਖਿਆ ਇਹ ਹੈ ਕਿ) ਗੁਰੂ ਦੀ ਸਰਨੀ ਪਉ।
2342	57	ਹਰਿ ਜਪਿ ਨਾਮੁ ਧਿਆਇ ਤੂ ਜਮੁ ਡਰਪੈ ਦੁਖ ਭਾਗੁ॥		Har Jap Naam Dhhiaae Thoo Jam Ddarapai Dhukh Bhaag ||	Chant and meditate on the Naam, the Name of the Lord; death will be afraid of you, and suffering shall depart.	(ਗੁਰੂ ਪਾਸੋਂ ਪਰਮਾਤਮਾ ਦਾ ਨਾਮ ਮਿਲਦਾ ਹੈ, ਤੂੰ ਭੀ ਉਹ) ਹਰਿ ਨਾਮ ਜਪ, (ਪ੍ਰਭੂ ਚਰਨਾਂ ਵਿਚ) ਸੁਰਤ ਜੋੜ (ਪ੍ਰਭੂ ਦਾ ਨਾਮ ਸਿਮਰਿਆਂ) ਜਮਰਾਜ (ਭੀ) ਡਰ ਜਾਂਦਾ ਹੈ ਤੇ ਦੁੱਖਾਂ ਨੂੰ ਭਾਜੜ ਪੈ ਜਾਂਦੀ ਹੈ।
2343	57	ਦੂਖੁ ਘਣੋ ਦੋਹਾਗਣੀ ਕਿਉ ਥਿਰੁ ਰਹੈ ਸੁਹਾਗੁ॥੧॥		Dhookh Ghano Dhohaaganee Kio Thhir Rehai Suhaag ||1||	The deserted wife suffers terrible pain. How can her Husband Lord remain with her forever? ||1||	(ਪਰ ਜੇਹੜੀ) ਭਾਗ-ਹੀਣ ਜੀਵ-ਇਸਤ੍ਰੀ (ਨਾਮ ਨਹੀਂ ਸਿਮਰਦੀ, ਉਸ) ਨੂੰ ਬਹੁਤ ਦੁੱਖ-ਕਲੇਸ਼ ਵਿਆਪਦਾ ਹੈ (ਦੁੱਖਾਂ ਨੂੰ ਭਾਜੜ ਤਦੋਂ ਹੀ ਪੈ ਸਕਦੀ ਹੈ, ਜੇ ਸਿਰ ਉਤੇ ਖਸਮ-ਸਾਈਂ ਹੋਵੇ, ਪਰ ਜੋ ਖਸਮ ਦਾ ਨਾਮ ਕਦੇ ਚੇਤੇ ਹੀ ਨਹੀਂ ਕਰਦੀ, ਉਸ ਦੇ ਸਿਰ ਉਤੇ) ਖਸਮ-ਸਾਈਂ ਕਿਵੇਂ ਟਿਕਿਆ ਹੋਇਆ ਪ੍ਰਤੀਤ ਹੋਵੇ? ॥੧॥

2344	58	ਭਾਈ ਰੇ ਅਵਰੁ ਨਾਹੀ ਮੈ ਥਾਉ॥		Bhaaee Rae Avar Naahee Mai Thhaao ||	O Siblings of Destiny, I have no other place to go.	ਹੇ ਭਾਈ! (ਨਾਮ ਖ਼ਜ਼ਾਨਾ ਹਾਸਲ ਕਰਨ ਲਈ) ਮੈਨੂੰ (ਗੁਰੂ ਤੋਂ ਬਿਨਾ) ਹੋਰ ਕੋਈ ਥਾਂ ਨਹੀਂ ਦਿੱਸਦਾ।
2345	58	ਮੈ ਧਨੁ ਨਾਮੁ ਨਿਧਾਨੁ ਹੈ ਗੁਰਿ ਦੀਆ ਬਲਿ ਜਾਉ॥੧॥ਰਹਾਉ॥		Mai Dhhan Naam Nidhhaan Hai Gur Dheeaa Bal Jaao ||1|| Rehaao ||	The Guru has given me the Treasure of the Wealth of the Naam; I am a sacrifice to Him. ||1||Pause||	ਮੇਰੇ ਵਾਸਤੇ ਤਾਂ ਪ੍ਰਭੂ-ਨਾਮ ਹੀ ਧਨ ਹੈ, ਨਾਮ ਹੀ ਖ਼ਜ਼ਾਨਾ ਹੈ (ਇਹ ਖ਼ਜ਼ਾਨਾ ਜਿਸ ਕਿਸੇ ਨੂੰ ਦਿੱਤਾ ਹੈ) ਗੁਰੂ ਨੇ (ਹੀ) ਦਿੱਤਾ ਹੈ, ਮੈਂ ਗੁਰੂ ਤੋਂ ਕੁਰਬਾਨ ਹਾਂ ॥੧॥ ਰਹਾਉ ॥
2346	58	ਗੁਰਮਤਿ ਪਤਿ ਸਾਬਾਸਿ ਤਿਸੁ ਤਿਸ ਕੈ ਸੰਗਿ ਮਿਲਾਉ॥		Guramath Path Saabaas This This Kai Sang Milaao ||	The Guru's Teachings bring honor. Blessed is He-may I meet and be with Him!	ਸ਼ਾਬਾਸ਼ੇ ਉਸ (ਗੁਰੂ) ਤੋਂ ਜਿਸ ਗੁਰੂ ਦੀ ਮਤਿ ਮਿਲਿਆਂ ਇੱਜ਼ਤ ਮਿਲਦੀ ਹੈ। (ਪ੍ਰਭੂ ਮਿਹਰ ਕਰੇ) ਮੈਂ ਉਸ (ਗੁਰੂ) ਦੀ ਸੰਗਤਿ ਵਿਚ ਮਿਲਿਆ ਰਹਾਂ।
2347	58	ਤਿਸੁ ਬਿਨੁ ਘੜੀ ਨ ਜੀਵਊ ਬਿਨੁ ਨਾਵੈ ਮਰਿ ਜਾਉ॥		This Bin Gharree N Jeevoo Bin Naavai Mar Jaao ||	Without Him, I cannot live, even for a moment. Without His Name, I die.	(ਨਾਮ ਦੀ ਦਾਤ ਦੇਣ ਵਾਲੇ) ਉਸ ਗੁਰੂ ਤੋਂ ਬਿਨਾ ਮੈਂ ਇਕ ਘੜੀ ਭੀ ਨਹੀਂ ਰਹਿ ਸਕਦਾ, ਕਿਉਂਕਿ ਨਾਮ ਤੋਂ ਬਿਨਾ ਮੇਰੀ ਆਤਮਕ ਮੌਤ ਹੋ ਜਾਂਦੀ ਹੈ।
2348	58	ਮੈ ਅੰਧੁਲੇ ਨਾਮੁ ਨ ਵੀਸਰੈ ਟੇਕ ਟਿਕੀ ਘਰਿ ਜਾਉ॥੨॥	ਟੇਕ, ਟਿਕੀ: ਪੋਲੇ ਬੋਲੋ	Mai Andhhulae Naam N Veesarai Ttaek Ttikee Ghar Jaao ||2||	I am blind-may I never forget the Naam! Under His Protection, I shall reach my true home. ||2||	(ਨਾਮ ਤੋਂ ਬਿਨਾ ਮੈਂ ਮਾਇਆ ਦੇ ਮੋਹ ਵਿਚ ਅੰਨ੍ਹਾ ਹੋ ਜਾਂਦਾ ਹਾਂ, ਪ੍ਰਭੂ ਮਿਹਰ ਕਰੇ) ਮੈਨੂੰ ਅੰਨ੍ਹੇ ਨੂੰ ਉਸ ਦਾ ਨਾਮ ਨਾਹ ਭੁੱਲ ਜਾਏ, ਮੈਂ ਗੁਰੂ ਦਾ ਆਸਰਾ ਪਰਨਾ ਲੈ ਕੇ ਪ੍ਰਭੂ-ਚਰਨਾਂ ਵਿਚ ਜੁੜਿਆ ਰਹਾਂ ॥੨॥

2349	58	ਗੁਰੂ ਜਿਨਾ ਕਾ ਅੰਧੁਲਾ ਚੇਲੇ ਨਾਹੀ ਠਾਉ॥		Guroo Jinaa Kaa Andhhulaa Chaelae Naahee Thaao ||	Those chaylaas, those devotees, whose spiritual teacher is blind, shall not find their place of rest.	(ਪਰ ਗੁਰੂ ਭੀ ਹੋਵੇ ਤਾਂ ਸੁਜਾਖਾ ਹੋਵੇ) ਜਿਨ੍ਹਾਂ ਦਾ ਗੁਰੂ (ਆਪ ਹੀ ਮਾਇਆ ਦੇ ਮੋਹ ਵਿਚ) ਅੰਨ੍ਹਾ ਹੋ ਗਿਆ ਹੋਵੇ, ਉਹਨਾਂ ਚੇਲਿਆਂ ਨੂੰ (ਆਤਮਕ ਸੁਖ ਦਾ) ਥਾਂ-ਟਿਕਾਣਾ ਨਹੀਂ ਲੱਭ ਸਕਦਾ।
2350	58	ਬਿਨੁ ਸਤਿਗੁਰ ਨਾਉ ਨ ਪਾਈਐ ਬਿਨੁ ਨਾਵੈ ਕਿਆ ਸੁਆਉ॥		Bin Sathigur Naao N Paaeeai Bin Naavai Kiaa Suaao ||	Without the True Guru, the Name is not obtained. Without the Name, what is the use of it all?	(ਪੂਰੇ) ਗੁਰੂ ਤੋਂ ਬਿਨਾ ਪ੍ਰਭੂ ਦਾ ਨਾਮ ਨਹੀਂ ਮਿਲਦਾ, ਨਾਮ ਤੋਂ ਬਿਨਾ ਹੋਰ ਕੋਈ (ਸੁਚੱਜਾ) ਜੀਵਨ-ਮਨੋਰਥ ਨਹੀਂ ਹੋ ਸਕਦਾ।
2351	58	ਆਇ ਗਇਆ ਪਛੁਤਾਵਣਾ ਜਿਉ ਸੁੰਞੈ ਘਰਿ ਕਾਉ॥੩॥	ਗ–ਇਆ	Aae Gaeiaa Pashhuthaavanaa Jio Sunnjai Ghar Kaao ||3||	People come and go, regretting and repenting, like crows in a deserted house. ||3||	ਨਾਮ ਤੋਂ ਵਾਂਜਿਆ ਮਨੁੱਖ ਦੁਨੀਆ ਵਿਚ ਆਇਆ ਤੇ ਤੁਰ ਗਿਆ, ਪਛਤਾਵਾ ਹੀ (ਨਾਲ ਲੈ ਗਿਆ, ਖਾਲੀ-ਹੱਥ ਹੀ ਜਗ ਤੋਂ ਗਿਆ) ਜਿਵੇਂ ਸੁੰਞੇ ਘਰ ਵਿਚ ਕਾਂ (ਆ ਕੇ ਖ਼ਾਲੀ ਜਾਂਦਾ ਹੈ) ॥੩॥
2352	58	ਬਿਨੁ ਨਾਵੈ ਦੁਖੁ ਦੇਹੁਰੀ ਜਿਉ ਕਲਰ ਕੀ ਭੀਤਿ॥	ਕੱਲਰ	Bin Naavai Dhukh Dhaehuree Jio Kalar Kee Bheeth ||	Without the Name, the body suffers in pain; it crumbles like a wall of sand.	ਨਾਮ ਸਿਮਰਨ ਤੋਂ ਬਿਨਾ ਸਰੀਰ ਨੂੰ (ਚਿੰਤਾ ਆਦਿਕ ਇਤਨਾ) ਦੁੱਖ ਵਿਆਪਦਾ ਹੈ (ਕਿ ਸਰੀਰਕ ਸੱਤਿਆ ਇਉਂ ਕਿਰਦੀ ਜਾਂਦੀ ਹੈ) ਜਿਵੇਂ ਕਲਰ ਦੀ ਕੰਧ (ਕਿਰਦੀ ਰਹਿੰਦੀ ਹੈ)।

2353	58	ਤਬ ਲਗੁ ਮਹਲੁ ਨ ਪਾਈਐ ਜਬ ਲਗੁ ਸਾਚੁ ਨ ਚੀਤਿ॥		Thab Lag Mehal N Paaeeai Jab Lag Saach N Cheeth ||	As long as Truth does not enter into the consciousness, the Mansion of the Lord's Presence is not found.	ਇਸ ਨੂੰ ਕਿਰਨ ਤੋਂ ਬਚਾਣ ਲਈ) ਤਦ ਤਕ (ਪ੍ਰਭੂ ਦਾ) ਮਹਲ (-ਰੂਪ ਸਹਾਰਾ) ਨਹੀਂ ਮਿਲਦਾ, ਜਦ ਤਕ ਉਹ ਸਦਾ-ਥਿਰ ਪ੍ਰਭੂ (ਜੀਵ ਦੇ) ਚਿੱਤ ਵਿਚ ਨਹੀਂ ਆ ਵੱਸਦਾ।
2354	58	ਸਬਦਿ ਰਪੈ ਘਰੁ ਪਾਈਐ ਨਿਰਬਾਣੀ ਪਦੁ ਨੀਤਿ॥੪॥	ਰਪੈ, ਪਦੁ: ਪੋਲੇ ਬੋਲੋ	Sabadh Rapai Ghar Paaeeai Nirabaanee Padh Neeth ||4||	Attuned to the Shabad, we enter our home, and obtain the Eternal State of Nirvaanaa. ||4||	ਜੇ ਗੁਰੂ ਦੇ ਸ਼ਬਦ ਵਿਚ ਮਨ ਰੰਗਿਆ ਜਾਏ, ਤਾਂ ਪ੍ਰਭੂ ਦੀ ਹਜ਼ੂਰੀ (ਦੀ ਓਟ) ਮਿਲ ਜਾਂਦੀ ਹੈ, ਤੇ ਉਹ ਆਤਮਕ ਅਵਸਥਾ ਸਦਾ ਲਈ ਲੱਭ ਪੈਂਦੀ ਹੈ ਜਿੱਥੇ ਕੋਈ ਵਾਸਨਾ ਨਹੀਂ ਪੋਹ ਸਕਦੀ ॥੪॥
2355	58	ਹਉ ਗੁਰ ਪੂਛਉ ਆਪਣੇ ਗੁਰ ਪੁਛਿ ਕਾਰ ਕਮਾਉ॥		Ho Gur Pooshho Aapanae Gur Pushh Kaar Kamaao ||	I ask my Guru for His Advice, and I follow the Guru's Advice.	(ਸੋ, ਹੇ ਭਾਈ! ਇਸ 'ਨਿਰਬਾਣ ਪਦ' ਦੀ ਪ੍ਰਾਪਤੀ ਵਾਸਤੇ) ਮੈਂ ਆਪਣੇ ਗੁਰੂ ਨੂੰ ਪੁੱਛਾਂਗੀ, ਗੁਰੂ ਨੂੰ ਪੁੱਛ ਕੇ (ਉਸ ਦੀ ਦੱਸੀ) ਕਾਰ ਕਰਾਂਗੀ।
2356	58	ਸਬਦਿ ਸਲਾਹੀ ਮਨਿ ਵਸੈ ਹਉਮੈ ਦੁਖੁ ਜਲਿ ਜਾਉ॥		Sabadh Salaahee Man Vasai Houmai Dhukh Jal Jaao ||	With the Shabads of Praise abiding in the mind, the pain of egotism is burnt away.	ਮੈਂ ਗੁਰੂ ਦੇ ਸ਼ਬਦ ਵਿਚ ਜੁੜ ਕੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਾਂਗੀ, (ਭਲਾ ਕਿਤੇ ਪ੍ਰਭੂ ਮੇਰੇ) ਮਨ ਵਿਚ ਆ ਵੱਸੇ (ਪ੍ਰਭੂ ਦੀ ਮਿਹਰ ਹੋਵੇ, ਮੇਰਾ) ਹਉਮੈ ਦਾ ਦੁੱਖ ਸੜ ਜਾਏ।

2357	58	ਸਹਜੇ ਹੋਇ ਮਿਲਾਵੜਾ ਸਾਚੇ ਸਾਚਿ ਮਿਲਾਉ॥੫॥		Sehajae Hoe Milaavarraa Saachae Saach Milaao ||5||	We are intuitively united with Him, and we meet the Truest of the True. ||5||	ਸਹਜ ਅਵਸਥਾ ਵਿਚ ਟਿਕਿਆਂ ਮੇਰਾ ਪ੍ਰਭੂ ਨਾਲ ਸੋਹਣਾ ਮਿਲਾਪ ਹੋ ਜਾਏ, ਸਦਾ ਟਿਕੇ ਰਹਿਣ ਵਾਲੇ ਪ੍ਰਭੂ ਵਿਚ ਮੇਰਾ ਸਦਾ ਲਈ ਮੇਲ ਹੋ ਜਾਏ ॥੫॥
2358	58	ਸਬਦਿ ਰਤੇ ਸੇ ਨਿਰਮਲੇ ਤਜਿ ਕਾਮ ਕ੍ਰੋਧੁ ਅਹੰਕਾਰੁ॥	ਤਜਿ: ਪੋਲਾ ਬੋਲੋ। ਅਹੰ-ਕਾਰੁ	Sabadh Rathae Sae Niramalae Thaj Kaam Krodhh Ahankaar ||	Those who are attuned to the Shabad are spotless and pure; they renounce sexual desire, anger, selfishness and conceit.	ਜੇਹੜੇ ਬੰਦੇ ਗੁਰੂ ਦੇ ਸ਼ਬਦ ਵਿਚ ਰੰਗੇ ਜਾਂਦੇ ਹਨ ਉਹ ਕਾਮ ਕ੍ਰੋਧ ਅਹੰਕਾਰ (ਆਦਿਕ ਵਿਕਾਰਾਂ) ਨੂੰ ਤਿਆਗ ਕੇ ਪਵਿਤ੍ਰ (ਜੀਵਨ ਵਾਲੇ) ਹੋ ਜਾਂਦੇ ਹਨ।
2359	58	ਨਾਮੁ ਸਲਾਹਨਿ ਸਦ ਸਦਾ ਹਰਿ ਰਾਖਹਿ ਉਰ ਧਾਰਿ॥		Naam Salaahan Sadh Sadhaa Har Raakhehi Our Dhhaar ||	They sing the Praises of the Naam, forever and ever; they keep the Lord enshrined within their hearts.	ਉਹ ਸਦਾ ਪ੍ਰਭੂ ਦਾ ਨਾਮ ਸਲਾਹੁੰਦੇ ਹਨ, ਉਹ ਪਰਮਾਤਮਾ (ਦੀ ਯਾਦ) ਨੂੰ ਸਦਾ ਆਪਣੇ ਹਿਰਦੇ ਵਿਚ ਟਿਕਾ ਰੱਖਦੇ ਹਨ।
2360	58	ਸੋ ਕਿਉ ਮਨਹੁ ਵਿਸਾਰੀਐ ਸਭ ਜੀਆ ਕਾ ਆਧਾਰੁ॥੬॥		So Kio Manahu Visaareeai Sabh Jeeaa Kaa Aadhhaar ||6||	How could we ever forget Him from our minds? He is the Support of all beings. ||6||	(ਹੇ ਭਾਈ!) ਜੇਹੜਾ ਪ੍ਰਭੂ ਸਾਰੇ ਜੀਵਾਂ (ਦੀ ਜ਼ਿੰਦਗੀ) ਦਾ ਆਸਰਾ ਹੈ, ਉਸ ਨੂੰ ਕਦੇ ਭੀ ਮਨੋਂ ਭੁਲਾਣਾ ਨਹੀਂ ਚਾਹੀਦਾ ॥੬॥

2361	58	ਸਬਦਿ ਮਰੈ ਸੋ ਮਰਿ ਰਹੈ ਫਿਰਿ ਮਰੈ ਨ ਦੂਜੀ ਵਾਰ॥		Sabadh Marai So Mar Rehai Fir Marai N Dhoojee Vaar ||	One who dies in the Shabad is beyond death, and shall never die again.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ (ਵਿਕਾਰਾਂ ਵਲੋਂ) ਮਰ ਜਾਂਦਾ ਹੈ ਉਹ (ਇਹ ਮਰਨੀ) ਮਰ ਕੇ ਇਸਥਿਰ ਹੋ ਜਾਂਦਾ ਹੈ (ਵਿਕਾਰਾਂ ਦੇ ਟਾਕਰੇ ਤੇ ਤਕੜਾ ਹੋ ਜਾਂਦਾ ਹੈ, ਉਹ ਮਨੁੱਖ ਵਿਕਾਰਾਂ ਦੇ ਢਹੇ ਚੜ੍ਹ ਕੇ) ਮੁੜ ਕਦੇ ਆਤਮਕ ਮੌਤੇ ਨਹੀਂ ਮਰਦਾ।
2362	58	ਸਬਦੈ ਹੀ ਤੇ ਪਾਈਐ ਹਰਿ ਨਾਮੇ ਲਗੈ ਪਿਆਰੁ॥		Sabadhai Hee Thae Paaeeai Har Naamae Lagai Piaar ||	Through the Shabad, we find Him, and embrace love for the Name of the Lord.	(ਇਹ ਅਟੱਲ ਆਤਮਕ ਜੀਵਨ) ਗੁਰੂ ਦੇ ਸ਼ਬਦ ਦੀ ਰਾਹੀਂ ਹੀ ਮਿਲਦਾ ਹੈ (ਗੁਰੂ ਦੇ ਸ਼ਬਦ ਦੀ ਰਾਹੀਂ ਹੀ) ਪ੍ਰਭੂ ਦੇ ਨਾਮ ਵਿਚ ਪਿਆਰ ਬਣਦਾ ਹੈ।
2363	58	ਬਿਨੁ ਸਬਦੈ ਜਗੁ ਭੂਲਾ ਫਿਰੈ ਮਰਿ ਜਨਮੈ ਵਾਰੋ ਵਾਰ॥੭॥		Bin Sabadhai Jag Bhoolaa Firai Mar Janamai Vaaro Vaar ||7||	Without the Shabad, the world is deceived; it dies and is reborn, over and over again. ||7||	ਗੁਰੂ ਦੇ ਸ਼ਬਦ ਤੋਂ ਬਿਨਾ ਜਗਤ (ਜੀਵਨ-ਰਾਹ ਤੋਂ) ਖੁੰਝਿਆ ਹੋਇਆ ਭਟਕਦਾ ਹੈ, ਤੇ ਮੁੜ ਮੁੜ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ ॥੭॥
2364	58	ਸਭ ਸਾਲਾਹੈ ਆਪ ਕਉ ਵਡਹੁ ਵਡੇਰੀ ਹੋਇ॥		Sabh Saalaahai Aap Ko Vaddahu Vaddaeree Hoe ||	All praise themselves, and call themselves the greatest of the great.	ਸਾਰੀ ਦੁਨੀਆ ਆਪਣੇ ਆਪ ਨੂੰ ਸਾਲਾਹੁੰਦੀ ਹੈ ਕਿ ਸਾਡੀ ਵਧੀਕ ਤੋਂ ਵਧੀਕ ਵਡਿਆਈ-ਇੱਜ਼ਤ ਹੋਵੇ (ਆਪਣੇ ਆਪ ਦੀ ਸੂਝ ਤੋਂ ਬਿਨਾ ਇਹ ਲਾਲਸਾ ਬਣੀ ਹੀ ਰਹਿੰਦੀ ਹੈ।)

2365	58	ਗੁਰ ਬਿਨੁ ਆਪੁ ਨ ਚੀਨੀਐ ਕਹੇ ਸੁਣੇ ਕਿਆ ਹੋਇ॥		Gur Bin Aap N Cheeneeai Kehae Sunae Kiaa Hoe ||	Without the Guru, one's self cannot be known. By merely speaking and listening, what is accomplished?	ਗੁਰੂ ਦੀ ਸਰਨ ਪੈਣ ਤੋਂ ਬਿਨਾ ਆਪਣੇ ਆਪ ਦੀ ਪਛਾਣ ਨਹੀਂ ਹੋ ਸਕਦੀ, ਗਿਆਨ ਦੀਆਂ ਗੱਲਾਂ ਨਿਰੀਆਂ ਕਹਿਣ ਸੁਣਨ ਨਾਲ ਕੁਝ ਨਹੀਂ ਬਣਦਾ।
2366	58	ਨਾਨਕ ਸਬਦਿ ਪਛਾਣੀਐ ਹਉਮੈ ਕਰੈ ਨ ਕੋਇ॥੮॥੮॥		Naanak Sabadh Pashhaaneeai Houmai Karai N Koe ||8||8||	O Nanak, one who realizes the Shabad does not act in egotism. ||8||8||	ਹੇ ਨਾਨਕ! ਗੁਰੂ ਦੇ ਸ਼ਬਦ ਦੀ ਰਾਹੀਂ ਹੀ ਆਪਣਾ ਆਪ ਪਛਾਣਿਆ ਜਾ ਸਕਦਾ ਹੈ (ਜੇਹੜਾ ਮਨੁੱਖ ਆਪੇ ਦੀ ਪਛਾਣ ਕਰ ਲੈਂਦਾ ਹੈ) ਉਹ ਆਪਣੀ ਵਡਿਆਈ ਦੀਆਂ ਗੱਲਾਂ ਨਹੀਂ ਕਰਦਾ ॥੮॥੮॥
2367	58	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
2368	58	ਬਿਨੁ ਪਿਰ ਧਨ ਸੀਗਾਰੀਐ ਜੋਬਨੁ ਬਾਦਿ ਖੁਆਰੁ॥		Bin Pir Dhhan Seegaareeai Joban Baadh Khuaar ||	Without her Husband, the soul-bride's youth and ornaments are useless and wretched.	(ਜੇ ਇਸਤ੍ਰੀ ਗਹਿਣਿਆਂ ਆਦਿਕ ਨਾਲ) ਆਪਣੇ ਆਪ ਨੂੰ ਸਜਾ ਲਏ, ਪਰ ਉਸ ਨੂੰ ਪਤੀ ਨਾਹ ਮਿਲੇ ਤਾਂ ਉਸ ਦੀ ਜੁਆਨੀ ਵਿਅਰਥ ਜਾਂਦੀ ਹੈ।
2369	58	ਨਾ ਮਾਣੇ ਸੁਖਿ ਸੇਜੜੀ ਬਿਨੁ ਪਿਰ ਬਾਦਿ ਸੀਗਾਰੁ॥		Naa Maanae Sukh Saejarree Bin Pir Baadh Seegaar ||	She does not enjoy the pleasure of His Bed; without her Husband, her ornaments are absurd.	ਉਸ ਦਾ ਆਤਮਾ ਭੀ ਦੁਖੀ ਹੁੰਦਾ ਹੈ, ਕਿਉਂਕਿ ਉਹ ਆਨੰਦ ਨਾਲ ਪਤੀ ਦੀ ਸੋਹਣੀ ਸੇਜ ਮਾਣ ਨਹੀਂ ਸਕਦੀ, ਪਤੀ-ਮਿਲਾਪ ਤੋਂ ਬਿਨਾ ਉਸ ਦਾ ਸਿੰਗਾਰ ਵਿਅਰਥ ਜਾਂਦਾ ਹੈ।

2370	58	ਦੂਖੁ ਘਣੋ ਦੋਹਾਗਣੀ ਨਾ ਘਰਿ ਸੇਜ ਭਤਾਰੁ॥੧॥		Dhookh Ghano Dhohaaganee Naa Ghar Saej Bhathaar ||1||	The discarded bride suffers terrible pain; her Husband does not come to the bed of her home. ||1||	ਉਸ ਭਾਗਹੀਣ ਇਸਤ੍ਰੀ ਨੂੰ ਬਹੁਤ ਦੁਖ ਵਿਆਪਦਾ ਹੈ, ਉਸ ਦੇ ਘਰ ਵਿਚ ਸੇਜ ਦਾ ਮਾਲਕ ਖਸਮ ਨਹੀਂ ਆਉਂਦਾ (ਜੀਵ-ਇਸਤ੍ਰੀ ਦੇ ਸਾਰੇ ਬਾਹਰ-ਮੁਖੀ ਧਾਰਮਿਕ ਉੱਦਮ ਵਿਅਰਥ ਜਾਂਦੇ ਹਨ, ਜੇ ਹਿਰਦੇ-ਸੇਜ ਦਾ ਮਾਲਕ ਪ੍ਰਭੂ ਹਿਰਦੇ ਵਿਚ ਪਰਗਟ ਨਾਹ ਹੋਵੇ) ॥੧॥
2371	58	ਮਨ ਰੇ ਰਾਮ ਜਪਹੁ ਸੁਖੁ ਹੋਇ॥		Man Rae Raam Japahu Sukh Hoe ||	O mind, meditate on the Lord, and find peace.	ਹੇ ਮਨ! ਪਰਮਾਤਮਾ ਦਾ ਨਾਮ ਸਿਮਰ, (ਤੈਨੂੰ) ਸੁਖ ਹੋਵੇਗਾ।
2372	58	ਬਿਨੁ ਗੁਰ ਪ੍ਰੇਮੁ ਨ ਪਾਈਐ ਸਬਦਿ ਮਿਲੈ ਰੰਗੁ ਹੋਇ॥੧॥ਰਹਾਉ॥		Bin Gur Praem N Paaeeai Sabadh Milai Rang Hoe ||1|| Rehaao ||	Without the Guru, love is not found. United with the Shabad, happiness is found. ||1||Pause||	(ਪਰ ਮਨ ਭੀ ਕੀਹ ਕਰੇ? ਜਿਸ ਨਾਲ ਪਿਆਰ ਨਾਹ ਹੋਵੇ, ਉਸ ਨੂੰ ਮੁੜ ਮੁੜ ਕਿਵੇਂ ਯਾਦ ਕੀਤਾ ਜਾਏ? ਪਰਮਾਤਮਾ ਨਾਲ ਇਹ) ਪਿਆਰ ਗੁਰੂ ਤੋਂ ਬਿਨਾ ਨਹੀਂ ਬਣ ਸਕਦਾ। ਜੇਹੜਾ ਮਨ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ ਉਸ ਨੂੰ ਪ੍ਰਭੂ ਦੇ ਨਾਮ ਦਾ ਰੰਗ ਚੜ੍ਹ ਜਾਂਦਾ ਹੈ ॥੧॥ ਰਹਾਉ ॥

2373	58	ਗੁਰ ਸੇਵਾ ਸੁਖੁ ਪਾਈਐ ਹਰਿ ਵਰੁ ਸਹਜਿ ਸੀਗਾਰੁ॥		Gur Saevaa Sukh Paaeeai Har Var Sehaj Seegaar ||	Serving the Guru, she finds peace, and her Husband Lord adorns her with intuitive wisdom.	ਗੁਰੂ ਦੀ ਦੱਸੀ ਸੇਵਾ ਦੀ ਰਾਹੀਂ ਹੀ ਆਤਮਕ ਆਨੰਦ ਮਿਲਦਾ ਹੈ, ਪ੍ਰਭੂ-ਪਤੀ ਉਸੇ ਜੀਵ-ਇਸਤ੍ਰੀ ਨੂੰ ਮਿਲਦਾ ਹੈ ਜਿਸ ਨੇ ਅਡੋਲ ਆਤਮਕ ਅਵਸਥਾ ਵਿਚ (ਜੁੜ ਕੇ) ਆਪਣੇ ਆਪ ਨੂੰ ਸਿੰਗਾਰਿਆ ਹੈ।
2374	58	ਸਚਿ ਮਾਣੇ ਪਿਰ ਸੇਜੜੀ ਗੂੜਾ ਹੇਤੁ ਪਿਆਰੁ॥	ਸੇਜੜੀ, ਗੂੜ੍ਹਾ	Sach Maanae Pir Saejarree Goorraa Haeth Piaar ||	Truly, she enjoys the Bed of her Husband, through her deep love and affection.	ਉਹੀ ਜੀਵ-ਇਸਤ੍ਰੀ ਪ੍ਰਭੂ-ਪਤੀ ਦੀ ਸੋਹਣੀ ਸੇਜ ਮਾਣ ਸਕਦੀ ਹੈ ਜੋ ਉਸ ਸਦਾ-ਥਿਰ ਪ੍ਰਭੂ ਵਿਚ (ਜੁੜੀ ਰਹਿੰਦੀ ਹੈ), ਜਿਸ ਦਾ ਪ੍ਰਭੂ-ਪਤੀ ਨਾਲ ਗੂੜ੍ਹਾ ਹਿਤ ਹੈ ਗੂੜ੍ਹਾ ਪਿਆਰ ਹੈ।
2375	58	ਗੁਰਮੁਖਿ ਜਾਣਿ ਸਿਞਾਣੀਐ ਗੁਰਿ ਮੇਲੀ ਗੁਣ ਚਾਰੁ॥੨॥		Guramukh Jaan Sinjaaneeai Gur Maelee Gun Chaar ||2||	As Gurmukh, she comes to know Him. Meeting with the Guru, she maintains a virtuous lifestyle. ||2||	ਗੁਰੂ ਦੇ ਮਨਮੁਖ ਰਹਿ ਕੇ ਹੀ ਪ੍ਰਭੂ ਨਾਲ ਡੂੰਘੀ ਸਾਂਝ ਪਾ ਕੇ ਉਸਨੂੰ ਸਿੰਞਾਣਿਆ ਜਾ ਸਕਦਾ ਹੈ (ਭਾਵ, ਇਹ ਸਿੰਞਾਣ ਆਉਂਦੀ ਹੈ ਕਿ ਉਹ ਸਾਡਾ ਹੈ), ਉਹ ਸੁੰਦਰ ਗੁਣਾਂ ਦਾ ਮਾਲਕ ਪ੍ਰਭੂ (ਜਿਸ ਜੀਵ-ਇਸਤ੍ਰੀ ਨੂੰ ਮਿਲਾਇਆ ਹੈ) ਗੁਰੂ ਨੇ ਮਿਲਾਇਆ ਹੈ ॥੨॥

2376	58	ਸਚਿ ਮਿਲਹੁ ਵਰ ਕਾਮਣੀ ਪਿਰਿ ਮੋਹੀ ਰੰਗੁ ਲਾਇ॥		Sach Milahu Var Kaamanee Pir Mohee Rang Laae ||	Through Truth, meet your Husband Lord, O soul-bride. Enchanted by your Husband, enshrine love for Him.	ਹੇ ਪ੍ਰਭੂ-ਪਤੀ ਦੀ ਸੁੰਦਰ ਇਸਤ੍ਰੀ! ਉਸ ਸਦਾ-ਥਿਰ ਪ੍ਰਭੂ (ਦੇ ਚਰਨਾਂ) ਵਿਚ (ਸਦਾ) ਮਿਲੀ ਰਹੁ। ਪਤੀ-ਪ੍ਰਭੂ ਨੇ (ਜਿਸ ਜੀਵ-ਇਸਤ੍ਰੀ ਦੇ ਮਨ ਨੂੰ ਆਪਣੇ ਪਿਆਰ ਦਾ) ਰੰਗ ਚਾੜ੍ਹ ਕੇ (ਆਪਣੇ ਵਲ ਖਿੱਚ ਲਿਆ ਹੈ,
2377	58	ਮਨੁ ਤਨੁ ਸਾਚਿ ਵਿਗਸਿਆ ਕੀਮਤਿ ਕਹਣੁ ਨ ਜਾਇ॥	ਵਿਗ-ਸਿਆ: ਪੋਲਾ ਬੋਲੋ	Man Than Saach Vigasiaa Keemath Kehan N Jaae ||	Your mind and body shall blossom forth in Truth. The value of this cannot be described.	ਉਸਦਾ ਮਨ ਉਸਦਾ ਤਨ ਸਦਾ-ਥਿਰ ਪ੍ਰਭੂ ਵਿਚ ਜੁੜ ਕੇ ਖਿੜ ਪਿਆ ਹੈ (ਉਸਦਾ ਜੀਵਨ ਇਤਨਾ ਅਮੋਲਕ ਬਣ ਜਾਂਦਾ ਹੈ ਕਿ) ਉਸ ਦਾ ਮੁੱਲ ਨਹੀਂ ਪੈ ਸਕਦਾ।
2378	58	ਹਰਿ ਵਰੁ ਘਰਿ ਸੋਹਾਗਣੀ ਨਿਰਮਲ ਸਾਚੈ ਨਾਇ॥੩॥		Har Var Ghar Sohaaganee Niramal Saachai Naae ||3||	The soul-bride finds her Husband Lord in the home of her own being; she is purified by the True Name. ||3||	ਉਹ ਸੁਹਾਗ ਭਾਗ ਵਾਲੀ ਜੀਵ-ਇਸਤ੍ਰੀ ਸਦਾ-ਥਿਰ ਹਰੀ ਦੇ ਨਾਮ ਵਿਚ (ਜੁੜ ਕੇ) ਪਵਿਤ੍ਰ ਆਤਮਾ ਹੋ ਜਾਂਦੀ ਹੈ, ਤੇ ਪ੍ਰਭੂ-ਪਤੀ ਨੂੰ ਆਪਣੇ (ਹਿਰਦੇ) ਘਰ ਵਿਚ (ਹੀ ਲੱਭ ਲੈਂਦੀ ਹੈ) ॥੩॥
2379	58	ਮਨ ਮਹਿ ਮਨੂਆ ਜੇ ਮਰੈ ਤਾ ਪਿਰੁ ਰਾਵੈ ਨਾਰਿ॥		Man Mehi Manooaa Jae Marai Thaa Pir Raavai Naar ||	If the mind within the mind dies, then the Husband ravishes and enjoys His bride.	ਜੇ (ਜੀਵ-ਇਸਤ੍ਰੀ ਦਾ) ਥੋੜ੍ਹ-ਵਿਤਾ ਮਨ (ਪ੍ਰਭੂ ਪਤੀ ਦੇ ਵਿਸ਼ਾਲ) ਮਨ ਵਿਚ (ਥੋੜ੍ਹ-ਵਿਤੇ ਸੁਭਾਅ ਵਲੋਂ) ਮਰ ਜਾਏ, ਤਾਂ ਪ੍ਰਭੂ ਪਤੀ ਉਸ ਜੀਵ-ਨਾਰ ਨੂੰ ਪਿਆਰ ਕਰਦਾ ਹੈ।

2380	58	ਇਕਤੁ ਤਾਗੈ ਰਲਿ ਮਿਲੈ ਗਲਿ ਮੋਤੀਅਨ ਕਾ ਹਾਰੁ॥	ਤੱਾਗੈ। ਗਲਿ: ਪੋਲਾ ਬੋਲੋ	Eikath Thaagai Ral Milai Gal Motheean Kaa Haar ||	They are woven into one texture, like pearls on a necklace around the neck.	ਜਿਵੇਂ ਇਕੋ ਧਾਗੇ ਵਿਚ ਪ੍ਰੋਤੇ ਹੋਏ ਮੋਤੀਆਂ ਦਾ ਹਾਰ ਗਲ ਵਿਚ ਪਾ ਲਈਦਾ ਹੈ, ਉਸੇ ਤਰ੍ਹਾਂ ਜੇ (ਜੀਵ-ਇਸਤ੍ਰੀ ਪ੍ਰਭੂ ਦੇ ਹੀ) ਇਕੋ ਸੁਰਤ ਧਾਗੇ ਵਿਚ ਇਕ ਮਿਕ ਹੋ ਕੇ ਪ੍ਰਭੂ ਵਿਚ ਲੀਨ ਹੋ ਜਾਂਦੀ ਹੈ।
2381	58	ਸੰਤ ਸਭਾ ਸੁਖੁ ਊਪਜੈ ਗੁਰਮੁਖਿ ਨਾਮ ਅਧਾਰੁ॥੪॥		Santh Sabhaa Sukh Oopajai Guramukh Naam Adhhaar ||4||	In the Society of the Saints, peace wells up; the Gurmukhs take the Support of the Naam. ||4||	ਪਰ ਇਹ ਆਤਮਕ ਆਨੰਦ ਸਤਸੰਗ ਵਿਚ ਟਿਕਿਆਂ ਹੀ ਮਿਲਦਾ ਹੈ, ਤੇ ਸਤਸੰਗ ਵਿਚ ਗੁਰੂ ਦੀ ਸਰਨ ਪੈ ਕੇ (ਮਨ ਨੂੰ) ਪ੍ਰਭੂ ਦੇ ਨਾਮ ਦਾ ਸਹਾਰਾ ਮਿਲਦਾ ਹੈ ॥੪॥

2382	58	ਖਿਨ ਮਹਿ ਉਪਜੈ ਖਿਨਿ ਖਪੈ ਖਿਨੁ ਆਵੈ ਖਿਨੁ ਜਾਇ॥	ਖਪੈ: ਪੋਲਾ ਬੋਲੋ	Khin Mehi Oupajai Khin Khapai Khin Aavai Khin Jaae ||	In an instant, one is born, and in an instant, one dies. In an instant one comes, and in an instant one goes.	(ਜੇ ਮਨ ਨਾਮ ਤੋਂ ਵਾਂਜਿਆ ਰਹੇ, ਤਾਂ ਮਾਇਆ ਆਦਿਕ ਦੇ ਲਾਭ ਨਾਲ) ਇਕ ਖਿਨ ਵਿਚ ਹੀ (ਇਉਂ ਹੁੰਦਾ ਹੈ ਜਿਵੇਂ) ਜਿਉਂ ਪੈਂਦਾ ਹੈ, (ਤੇ ਮਾਇਆ ਆਦਿਕ ਦੀ ਘਾਟ ਨਾਲ) ਇਕ ਖਿਨ ਵਿਚ ਹੀ ਦੁਖੀ ਹੋ ਜਾਂਦਾ ਹੈ, ਇਕ ਖਿਨ (ਗੁਜ਼ਰਦਾ ਹੈ ਤਾਂ) ਉਹ ਜੰਮ ਪੈਂਦਾ ਹੈ, ਇਕ ਖਿਨ (ਗੁਜ਼ਰਦਾ ਹੈ ਤਾਂ) ਉਹ ਮਰ ਜਾਂਦਾ ਹੈ (ਭਾਵ, ਨਾਮ ਦੇ ਸਹਾਰੇ ਤੋਂ ਬਿਨਾ ਮਾਇਆ ਜੀਵ ਦੇ ਜੀਵਨ ਦਾ ਆਸਰਾ ਬਣ ਜਾਂਦੀ ਹੈ। ਜੇ ਮਾਇਆ ਆਵੇ ਤਾਂ ਉਤਸ਼ਾਹ, ਜੇ ਜਾਏ ਤਾਂ ਸਹਮ)।
2383	58	ਸਬਦੁ ਪਛਾਣੈ ਰਵਿ ਰਹੈ ਨਾ ਤਿਸੁ ਕਾਲੁ ਸੰਤਾਇ॥		Sabadh Pashhaanai Rav Rehai Naa This Kaal Santhaae ||	One who recognizes the Shabad merges into it, and is not afflicted by death.	ਜੋ ਮਨੁੱਖ ਗੁਰੂ ਦੇ ਸ਼ਬਦ ਨਾਲ ਸਾਂਝ ਪਾਂਦਾ ਹੈ (ਪ੍ਰਭੂ ਚਰਨਾਂ ਵਿਚ) ਜੁੜਿਆ ਰਹਿੰਦਾ ਹੈ ਉਸ ਨੂੰ ਮੌਤ (ਦਾ ਡਰ) ਸਤਾ ਨਹੀਂ ਸਕਦਾ।

2384	59	ਸਾਹਿਬੁ ਅਤੁਲੁ ਨ ਤੋਲੀਐ ਕਥਨਿ ਨ ਪਾਇਆ ਜਾਇ॥੫॥	ਅ-ਤੁੱਲੁ। ਕਥਨਿ: ਪੋਲਾ ਬੋਲੋ	Saahib Athul N Tholeeai Kathhan N Paaeiaa Jaae ||5||	Our Lord and Master is Unweighable; He cannot be weighed. He cannot be found merely by talking. ||5||	(ਪ੍ਰਭੂ ਦੇ ਚਰਨਾਂ ਵਿਚ ਜੁੜਿਆਂ ਇਹ ਤਾਂ ਨਹੀਂ ਹੋ ਸਕਦਾ ਕਿ) ਉਸ ਮਾਲਕ (ਦੀ ਹਸਤੀ) ਨੂੰ ਤੋਲਿਆ ਜਾ ਸਕੇ, ਉਹ ਤੋਲ ਤੋਂ ਪਰੇ ਹੈ (ਹਾਂ, ਇਹ ਜ਼ਰੂਰ ਹੈ ਕਿ ਉਹ ਮਿਲਦਾ ਸਿਮਰਨ ਦੀ ਰਾਹੀਂ ਹੀ ਹੈ) ਨਿਰੀਆਂ ਗੱਲਾਂ ਨਾਲ ਨਹੀਂ ਮਿਲਦਾ ॥੫॥
2385	59	ਵਾਪਾਰੀ ਵਣਜਾਰਿਆ ਆਏ ਵਜਹੁ ਲਿਖਾਇ॥		Vaapaaree Vanajaariaa Aaeae Vajahu Likhaae ||	The merchants and the traders have come; their profits are pre-ordained.	ਸਾਰੇ ਜੀਵ-ਵਣਜਾਰੇ ਜੀਵ ਵਪਾਰੀ (ਪਰਮਾਤਮਾ ਦੇ ਦਰ ਤੋਂ) ਰੋਜ਼ੀਨਾ ਲਿਖਾ ਕੇ (ਜਗਤ ਵਿਚ ਆਉਂਦੇ ਹਨ, ਭਾਵ, ਹਰੇਕ ਨੂੰ ਜ਼ਿੰਦਗੀ ਦੇ ਸੁਆਸ ਤੇ ਸਾਰੇ ਪਦਾਰਥਾਂ ਦੀ ਦਾਤ ਪ੍ਰਭੂ ਦਰ ਤੋਂ ਮਿਲਦੀ ਹੈ)।
2386	59	ਕਾਰ ਕਮਾਵਹਿ ਸਚ ਕੀ ਲਾਹਾ ਮਿਲੈ ਰਜਾਇ॥		Kaar Kamaavehi Sach Kee Laahaa Milai Rajaae ||	Those who practice Truth reap the profits, abiding in the Will of God.	ਜੇਹੜੇ ਜੀਵ ਵਪਾਰੀ ਸਦਾ-ਥਿਰ ਪ੍ਰਭੂ ਦੇ ਸਿਮਰਨ ਦੀ ਕਾਰ ਕਰਦੇ ਹਨ, ਉਹਨਾਂ ਨੂੰ ਪ੍ਰਭੂ ਦੀ ਰਜ਼ਾ ਅਨੁਸਾਰ (ਆਤਮਕ ਜੀਵਨ ਦਾ) ਲਾਭ ਮਿਲਦਾ ਹੈ,

2387	59	ਪੂੰਜੀ ਸਾਚੀ ਗੁਰੁ ਮਿਲੈ ਨਾ ਤਿਸੁ ਤਿਲੁ ਨ ਤਮਾਇ॥੬॥		Poonjee Saachee Gur Milai Naa This Thil N Thamaae ||6||	With the Merchandise of Truth, they meet the Guru, who does not have a trace of greed. ||6||	(ਪਰ ਇਹ ਲਾਭ ਉਹੀ ਖੱਟ ਸਕਦੇ ਹਨ ਜਿਨ੍ਹਾਂ ਨੂੰ) ਉਹ ਗੁਰੂ ਮਿਲ ਪੈਂਦਾ ਹੈ ਜਿਸ ਨੂੰ (ਆਪਣੀ ਵਡਿਆਈ ਆਦਿਕ ਦਾ) ਤਿਲ ਜਿਤਨਾ ਭੀ ਲਾਲਚ ਨਹੀਂ ਹੈ। (ਜਿਨ੍ਹਾਂ ਨੂੰ ਗੁਰੂ ਮਿਲਦਾ ਹੈ ਉਹਨਾਂ ਦੀ ਆਤਮਕ ਜੀਵਨ ਵਾਲੀ) ਰਾਸ-ਪੂੰਜੀ ਸਦਾ ਲਈ ਥਿਰ ਹੋ ਜਾਂਦੀ ਹੈ ॥੬॥
2388	59	ਗੁਰਮੁਖਿ ਤੋਲਿ ਤੁਲਾਇਸੀ ਸਚੁ ਤਰਾਜੀ ਤੋਲੁ॥	ਤੁਲਾਇ-ਸੀ	Guramukh Thol Thuolaaeisee Sach Tharaajee Thol ||	As Gurmukh, they are weighed and measured, in the balance and the scales of Truth.	(ਇਨਸਾਨੀ ਜੀਵਨ ਦੀ ਸਫਲਤਾ ਦੀ ਪਰਖ ਵਾਸਤੇ) ਸੱਚ ਹੀ ਤਰਾਜ਼ੂ ਹੈ ਤੇ ਸੱਚ ਹੀ ਵੱਟਾ ਹੈ (ਜਿਸ ਦੇ ਪੱਲੇ ਸੱਚ ਹੈ ਉਹੀ ਸਫਲ ਹੈ), ਇਸ ਪਰਖ-ਤੋਲ ਵਿਚ ਉਹੀ ਮਨੁੱਖ ਪੂਰਾ ਉਤਰਦਾ ਹੈ ਜੋ ਗੁਰੂ ਦੇ ਸਨਮੁੱਖ ਰਹਿੰਦਾ ਹੈ,
2389	59	ਆਸਾ ਮਨਸਾ ਮੋਹਣੀ ਗੁਰਿ ਠਾਕੀ ਸਚੁ ਬੋਲੁ॥		Aasaa Manasaa Mohanee Gur Thaakee Sach Bol ||	The enticements of hope and desire are quieted by the Guru, whose Word is True.	ਕਿਉਂਕਿ ਗੁਰੂ ਨੇ (ਪਰਮਾਤਮਾ ਦੀ ਸਿਫ਼ਿਤਿ-ਸਾਲਾਹ ਦੀ) ਸੱਚੀ ਬਾਣੀ ਦੇ ਕੇ ਮਨ ਨੂੰ ਮੋਹ ਲੈਣ ਵਾਲੀਆਂ ਆਸਾਂ ਤੇ ਮਨ ਦੇ ਮਾਇਕ ਫੁਰਨਿਆਂ ਨੂੰ (ਮਨ ਉਤੇ ਵਾਰ ਕਰਨ ਤੋਂ) ਰੋਕ ਰੱਖਿਆ ਹੁੰਦਾ ਹੈ।

2390	59	ਆਪਿ ਤੁਲਾਏ ਤੋਲਸੀ ਪੂਰੇ ਪੂਰਾ ਤੋਲੁ॥੭॥		Aap Thulaaeae Tholasee Poorae Pooraa Thol ||7||	He Himself weighs with the scale; perfect is the weighing of the Perfect One. ||7||	ਪੂਰੇ ਪ੍ਰਭੂ ਦਾ ਇਹ ਤੋਲ (ਦਾ ਮਿਆਰ) ਕਦੇ ਘਟਦਾ ਵਧਦਾ ਨਹੀਂ, ਉਹੀ ਜੀਵ (ਇਸ ਤੋਲ ਵਿਚ) ਪੂਰਾ ਤੁਲਦਾ ਹੈ ਜਿਸ ਨੂੰ ਪ੍ਰਭੂ (ਸਿਮਰਨ ਦੀ ਦਾਤ ਦੇ ਕੇ) ਆਪ (ਮਿਹਰ ਦੀ ਨਿਗਾਹ ਨਾਲ) ਤੁਲਾਂਦਾ ਹੈ ॥੭॥
2391	59	ਕਥਨੈ ਕਹਣਿ ਨ ਛੁਟੀਐ ਨਾ ਪੜਿ ਪੁਸਤਕ ਭਾਰ॥		Kathhanai Kehan N Shhutteeai Naa Parr Pusathak Bhaar ||	No one is saved by mere talk and speech, nor by reading loads of books.	ਨਿਰੀਆਂ ਗੱਲਾਂ ਕਰਨ ਨਾਲ ਜਾਂ ਪੁਸਤਕਾਂ ਦੇ ਢੇਰਾਂ ਦੇ ਢੇਰ ਪੜ੍ਹਨ ਨਾਲ ਆਸਾ ਮਨਸਾ ਤੋਂ ਬਚ ਨਹੀਂ ਸਕੀਦਾ।
2392	59	ਕਾਇਆ ਸੋਚ ਨ ਪਾਈਐ ਬਿਨੁ ਹਰਿ ਭਗਤਿ ਪਿਆਰ॥		Kaaeiaa Soch N Paaeeai Bin Har Bhagath Piaar ||	The body does not obtain purity without loving devotion to the Lord.	(ਜੇ ਹਿਰਦੇ ਵਿਚ) ਪਰਮਾਤਮਾ ਦੀ ਭਗਤੀ ਨਹੀਂ, ਪ੍ਰਭੂ ਦਾ ਪ੍ਰੇਮ ਨਹੀਂ, ਤਾਂ ਨਿਰੇ ਸਰੀਰ ਦੀ ਪਵਿਤ੍ਰਤਾ ਨਾਲ ਪਰਮਾਤਮਾ ਨਹੀਂ ਮਿਲਦਾ।
2393	59	ਨਾਨਕ ਨਾਮੁ ਨ ਵੀਸਰੈ ਮੇਲੇ ਗੁਰੁ ਕਰਤਾਰ॥੮॥੯॥		Naanak Naam N Veesarai Maelae Gur Karathaar ||8||9||	O Nanak, never forget the Naam; the Guru shall unite us with the Creator. ||8||9||	ਹੇ ਨਾਨਕ! ਜਿਸ ਨੂੰ (ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ) ਨਾਮ ਨਹੀਂ ਭੁੱਲਦਾ, ਉਸ ਨੂੰ ਗੁਰੂ ਪਰਮਾਤਮਾ ਦੇ ਮੇਲ ਵਿਚ ਮਿਲਾ ਲੈਂਦਾ ਹੈ ॥੮॥੯॥{58-59}
2394	59	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	

2395	59	ਸਤਿਗੁਰੁ ਪੂਰਾ ਜੇ ਮਿਲੈ ਪਾਈਐ ਰਤਨੁ ਬੀਚਾਰੁ॥		Sathigur Pooraa Jae Milai Paaeeai Rathan Beechaar ||	Meeting the Perfect True Guru, we find the jewel of meditative reflection.	ਪਰਮਾਤਮਾ ਦੇ ਗੁਣਾਂ ਦੀ ਵਿਚਾਰ (ਮਾਨੇ, ਕੀਮਤੀ) ਰਤਨ (ਹੈ, ਇਹ ਰਤਨ ਤਦੋਂ ਹੀ) ਮਿਲਦਾ ਹੈ ਜੇ ਪੂਰਾ ਗੁਰੂ ਮਿਲ ਪਏ।
2396	59	ਮਨੁ ਦੀਜੈ ਗੁਰ ਆਪਣੇ ਪਾਈਐ ਸਰਬ ਪਿਆਰੁ॥		Man Dheejai Gur Aapanae Paaeeai Sarab Piaar ||	Surrendering our minds to our Guru, we find universal love.	ਆਪਣਾ ਮਨ ਗੁਰੂ ਦੇ ਹਵਾਲੇ ਕਰ ਦੇਣਾ ਚਾਹੀਦਾ ਹੈ, (ਇਸ ਤਰ੍ਹਾਂ) ਸਭ ਨਾਲ ਪਿਆਰ ਕਰਨ ਵਾਲਾ ਪ੍ਰਭੂ ਮਿਲਦਾ ਹੈ।
2397	59	ਮੁਕਤਿ ਪਦਾਰਥੁ ਪਾਈਐ ਅਵਗਣ ਮੇਟਣਹਾਰੁ॥੧॥		Mukath Padhaarathh Paaeeai Avagan Maettanehaar ||1||	We find the wealth of liberation, and our demerits are erased. ||1||	(ਗੁਰੂ ਦੀ ਕਿਰਪਾ ਨਾਲ) ਨਾਮ-ਪਦਾਰਥ ਮਿਲਦਾ ਹੈ, ਜੋ ਵਿਕਾਰਾਂ ਤੋਂ ਖ਼ਲਾਸੀ ਦਿਵਾਂਦਾ ਹੈ ਜੋ ਔਗੁਣ ਮਿਟਾਣ ਦੇ ਸਮਰੱਥ ਹੈ ॥੧॥
2398	59	ਭਾਈ ਰੇ ਗੁਰ ਬਿਨੁ ਗਿਆਨੁ ਨ ਹੋਇ॥		Bhaaee Rae Gur Bin Giaan N Hoe ||	O Siblings of Destiny, without the Guru, there is no spiritual wisdom.	ਹੇ ਭਾਈ! ਗੁਰੂ ਤੋਂ ਬਿਨਾ ਪਰਮਾਤਮਾ ਨਾਲ ਡੂੰਘੀ ਸਾਂਝ ਨਹੀਂ ਪੈ ਸਕਦੀ।
2399	59	ਪੂਛਹੁ ਬ੍ਰਹਮੈ ਨਾਰਦੈ ਬੇਦ ਬਿਆਸੈ ਕੋਇ॥੧॥ਰਹਾਉ॥		Pooshhahu Brehamae Naaradhai Baedh Biaasai Koe ||1|| Rehaao ||	Go and ask Brahma, Naarad and Vyaas, the writer of the Vedas. ||1||Pause||	(ਬੇਸ਼ਕ) ਕੋਈ ਧਿਰ ਬ੍ਰਹਮਾ ਨੂੰ, ਨਾਰਦ ਨੂੰ, ਵੇਦਾਂ ਵਾਲੇ ਰਿਸ਼ੀ ਬਿਆਸ ਨੂੰ ਪੁੱਛ ਲਵੋ ॥੧॥ ਰਹਾਉ ॥

2400	59	ਗਿਆਨੁ ਧਿਆਨੁ ਧੁਨਿ ਜਾਣੀਐ ਅਕਥੁ ਕਹਾਵੈ ਸੋਇ॥	ਅ-ਕਥੁ: ਪੋਲਾ ਬੋਲੋ	Giaan Dhhiaan Dhhun Jaaneeai Akathh Kehaavai Soe ||	Know that from the vibration of the Word, we obtain spiritual wisdom and meditation. Through it, we speak the Unspoken.	ਪਰਮਾਤਮਾ ਨਾਲ ਡੂੰਘੀ ਸਾਂਝ ਪਾਉਣੀ, ਪਰਮਾਤਮਾ ਦੀ ਯਾਦ ਵਿਚ ਸੁਰਤ ਜੋੜਨੀ, ਪਰਮਾਤਮਾ ਦੇ ਚਰਨਾਂ ਵਿਚ ਲਿਵ ਲਾਉਣੀ-(ਗੁਰੂ ਦੀ ਰਾਹੀਂ ਹੀ) ਇਹ ਸਮਝ ਆਉਂਦੀ ਹੈ। ਗੁਰੂ ਹੀ ਉਸ ਪ੍ਰਭੂ ਦੀ ਸਿਫ਼ਤ-ਸਾਲਾਹ ਕਰਾਂਦਾ ਹੈ ਜਿਸ ਦੇ ਗੁਣ ਬਿਆਨ ਨਹੀਂ ਹੋ ਸਕਦੇ।
2401	59	ਸਫਲਿਓ ਬਿਰਖੁ ਹਰੀਆਵਲਾ ਛਾਵ ਘਣੇਰੀ ਹੋਇ॥	ਹਰੀ-ਆਵਲਾ: ਬਿਹਾਰੀ ਦੱਬ ਕੇ ਬੋਲੋ, ਹਰਿਆਵਲਾ ਨ ਉਚਾਰੋ ਜੀ	Safaliou Birakh Hareeaavalaa Shhaav Ghanaeree Hoe ||	He is the fruit-bearing Tree, luxuriantly green with abundant shade.	ਗੁਰੂ (ਮਾਨੋ) ਇਕ ਹਰਾ ਤੇ ਫਲਦਾਰ ਰੁੱਖ ਹੈ, ਜਿਸ ਦੀ ਗੂੜ੍ਹੀ ਸੰਘਣੀ ਛਾਂ ਹੈ।
2402	59	ਲਾਲ ਜਵੇਹਰ ਮਾਣਕੀ ਗੁਰ ਭੰਡਾਰੈ ਸੋਇ॥੨॥		Laal Javaehar Maanakee Gur Bhanddaarai Soe ||2||	The rubies, jewels and emeralds are in the Guru's Treasury. ||2||	ਲਾਲਾਂ ਜਵਾਹਰਾਂ ਤੇ ਮੋਤੀਆਂ (ਭਾਵ, ਉੱਚੇ ਸੁੱਚੇ ਆਤਮਕ ਗੁਣਾਂ) ਨਾਲ ਭਰਪੂਰ ਉਹ ਪਰਮਾਤਮਾ ਗੁਰੂ ਦੇ ਖ਼ਜ਼ਾਨੇ ਵਿਚੋਂ ਹੀ ਮਿਲਦਾ ਹੈ ॥੨॥
2403	59	ਗੁਰ ਭੰਡਾਰੈ ਪਾਈਐ ਨਿਰਮਲ ਨਾਮ ਪਿਆਰੁ॥		Gur Bhanddaarai Paaeeai Niramal Naam Piaar ||	From the Guru's Treasury, we receive the Love of the Immaculate Naam, the Name of the Lord.	ਪਰਮਾਤਮਾ ਦੇ ਪਵਿਤ੍ਰ ਨਾਮ ਦਾ ਪਿਆਰ ਗੁਰੂ ਦੇ ਖ਼ਜ਼ਾਨੇ ਵਿਚੋਂ ਹੀ ਪ੍ਰਾਪਤ ਹੁੰਦਾ ਹੈ।
2404	59	ਸਾਚੋ ਵਖਰੁ ਸੰਚੀਐ ਪੂਰੈ ਕਰਮਿ ਅਪਾਰੁ॥		Saacho Vakhar Sancheeai Poorai Karam Apaar ||	We gather in the True Merchandise, through the Perfect Grace of the Infinite.	ਬੇਅੰਤ ਪ੍ਰਭੂ ਦਾ ਨਾਮ-ਰੂਪ ਸਦਾ-ਥਿਰ ਸੌਦਾ ਪੂਰੇ ਗੁਰੂ ਦੀ ਮਿਹਰ ਨਾਲ ਹੀ ਇਕੱਠਾ ਕੀਤਾ ਜਾ ਸਕਦਾ ਹੈ।

2405	59	ਸੁਖਦਾਤਾ ਦੁਖ ਮੇਟਣੋ ਸਤਿਗੁਰੁ ਅਸੁਰ ਸੰਘਾਰੁ॥੩॥	ਅ-ਸੁਰ	Sukhadhaathaa Dhukh Maettano Sathigur Asur Sanghaar ||3||	The True Guru is the Giver of peace, the Dispeller of pain, the Destroyer of demons. ||3||	ਗੁਰੂ (ਨਾਮ ਦੀ ਬਖ਼ਸ਼ਸ਼ ਰਾਹੀਂ) ਸੁੱਖਾਂ ਦਾ ਦੇਣ ਵਾਲਾ ਹੈ, ਦੁੱਖਾਂ ਦਾ ਮਿਟਾਣ ਵਾਲਾ ਹੈ, ਗੁਰੂ (ਕਾਮਾਦਿਕ) ਦੈਂਤਾਂ ਦਾ ਨਾਸ ਕਰਨ ਵਾਲਾ ਹੈ ॥੩॥
2406	59	ਭਵਜਲੁ ਬਿਖਮੁ ਡਰਾਵਣੋ ਨਾ ਕੰਧੀ ਨਾ ਪਾਰੁ॥		Bhavajal Bikham Ddaraavano Naa Kandhhee Naa Paar ||	The terrifying world-ocean is difficult and dreadful; there is no shore on this side or the one beyond.	ਇਹ ਸੰਸਾਰ-ਸਮੁੰਦਰ ਬੜਾ ਬਿਖੜਾ ਹੈ ਬੜਾ ਡਰਾਉਣਾ ਹੈ, ਇਸ ਦਾ ਨਾਹ ਕੋਈ ਕੰਢਾ ਦਿੱਸਦਾ ਹੈ ਨਾਹ ਪਾਰਲਾ ਬੰਨਾ।
2407	59	ਨਾ ਬੇੜੀ ਨਾ ਤੁਲਹੜਾ ਨਾ ਤਿਸੁ ਵੰਝੁ ਮਲਾਰੁ॥	ਤੁਲ-ਹੜਾ: ਪੋਲਾ ਬੋਲੋ	Naa Baerree Naa Thuleharraa Naa This Vanjh Malaar ||	There is no boat, no raft, no oars and no boatman.	ਨਾਹ ਕੋਈ ਬੇੜੀ ਨਾਹ ਕੋਈ ਤੁਲਹਾ ਨਾਹ ਕੋਈ ਮਲਾਹ ਤੇ ਨਾਹ ਮਲਾਹ ਦਾ ਵੰਝ-ਕੋਈ ਭੀ ਇਸ ਸੰਸਾਰ-ਸਮੁੰਦਰ ਵਿਚੋਂ ਲੰਘਾ ਨਹੀਂ ਸਕਦਾ।
2408	59	ਸਤਿਗੁਰੁ ਭੈ ਕਾ ਬੋਹਿਥਾ ਨਦਰੀ ਪਾਰਿ ਉਤਾਰੁ॥੪॥		Sathigur Bhai Kaa Bohithhaa Nadharee Paar Outhaar ||4||	The True Guru is the only boat on this terrifying ocean. His Glance of Grace carries us across. ||4||	(ਸੰਸਾਰ-ਸਮੁੰਦਰ ਦੇ) ਖ਼ਤਰਿਆਂ ਤੋਂ ਬਚਾਣ ਵਾਲਾ ਜ਼ਹਾਜ ਗੁਰੂ ਹੀ ਹੈ, ਗੁਰੂ ਦੀ ਮਿਹਰ ਦੀ ਨਜ਼ਰ ਨਾਲ ਇਸ ਸਮੁੰਦਰ ਦੇ ਪਾਰਲੇ ਪਾਸੇ ਉਤਾਰਾ ਹੋ ਸਕਦਾ ਹੈ ॥੪॥
2409	59	ਇਕੁ ਤਿਲੁ ਪਿਆਰਾ ਵਿਸਰੈ ਦੁਖੁ ਲਾਗੈ ਸੁਖੁ ਜਾਇ॥		Eik Thil Piaaraa Visarai Dhukh Laagai Sukh Jaae ||	If I forget my Beloved, even for an instant, suffering overtakes me and peace departs.	ਜਦੋਂ ਇਕ ਰਤਾ ਜਿਤਨੇ ਸਮੇਂ ਵਾਸਤੇ ਭੀ ਪਿਆਰਾ ਪ੍ਰਭੂ (ਯਾਦੋਂ) ਭੁੱਲ ਜਾਂਦਾ ਹੈ, ਤਦੋਂ ਜੀਵ ਨੂੰ ਦੁੱਖ ਆ ਘੇਰਦਾ ਹੈ ਤੇ ਉਸ ਦਾ ਸੁੱਖ ਆਨੰਦ ਦੂਰ ਹੋ ਜਾਂਦਾ ਹੈ।

2410	59	ਜਿਹਵਾ ਜਲਉ ਜਲਾਵਣੀ ਨਾਮੁ ਨ ਜਪੈ ਰਸਾਇ॥		Jihavaa Jalo Jalaavanee Naam N Japai Rasaae ||	Let that tongue be burnt in flames, which does not chant the Naam with love.	ਸੜ ਜਾਏ ਉਹ ਸੜਨ ਜੋਗੀ ਜੀਭ ਜੋ ਸੁਆਦ ਨਾਲ ਪ੍ਰਭੂ ਦਾ ਨਾਮ ਨਹੀਂ ਜਪਦੀ।
2411	59	ਘਟੁ ਬਿਨਸੈ ਦੁਖੁ ਅਗਲੋ ਜਮੁ ਪਕੜੈ ਪਛੁਤਾਇ॥੫॥		Ghatt Binasai Dhukh Agalo Jam Pakarrai Pashhuthaae ||5||	When the pitcher of the body bursts, there is terrible pain; those who are caught by the Minister of Death regret and repent. ||5||	(ਸਿਮਰਨ ਹੀਨ ਬੰਦੇ ਦਾ ਜਦੋਂ) ਸਰੀਰ ਨਾਸ ਹੁੰਦਾ ਹੈ, ਉਸ ਨੂੰ ਬਹੁਤ ਦੁੱਖ ਵਿਆਪਦਾ ਹੈ, ਜਦੋਂ ਉਸ ਨੂੰ ਜਮ ਆ ਫੜਦਾ ਹੈ ਤਾਂ ਉਹ ਪਛੁਤਾਂਦਾ ਹੈ (ਪਰ ਉਸ ਵੇਲੇ ਪਛੁਤਾਣ ਦਾ ਕੀਹ ਲਾਭ?) ॥੫॥
2412	59	ਮੇਰੀ ਮੇਰੀ ਕਰਿ ਗਏ ਤਨੁ ਧਨੁ ਕਲਤੁ ਨ ਸਾਥਿ॥	ਕ-ਲੱਤੁ, ਨਾਰੀ	Maeree Maeree Kar Geae Than Dhhan Kalath N Saathh ||	Crying out, ""Mine! Mine!"", they have departed, but their bodies, their wealth, and their wives did not go with them.	(ਸੰਸਾਰ ਵਿਚ ਬੇਅੰਤ ਹੀ ਜੀਵ ਆਏ, ਜੋ ਇਹ) ਆਖ ਆਖ ਕੇ ਚਲੇ ਗਏ ਕਿ ਇਹ ਮੇਰਾ ਸਰੀਰ ਹੈ ਇਹ ਮੇਰਾ ਧਨ ਹੈ ਇਹ ਮੇਰੀ ਇਸਤ੍ਰੀ ਹੈ, ਪਰ ਨਾਹ ਸਰੀਰ, ਨਾਹ ਧਨ, ਨਾਹ ਇਸਤ੍ਰੀ, ਕੋਈ ਭੀ) ਨਾਲ ਨਾਹ ਨਿਭਿਆ।
2413	59	ਬਿਨੁ ਨਾਵੈ ਧਨੁ ਬਾਦਿ ਹੈ ਭੂਲੋ ਮਾਰਗਿ ਆਥਿ॥		Bin Naavai Dhhan Baadh Hai Bhoolo Maarag Aathh ||	Without the Name, wealth is useless; deceived by wealth, they have lost their way.	ਪਰਮਾਤਮਾ ਦੇ ਨਾਮ ਤੋਂ ਬਿਨਾ ਧਨ ਕਿਸੇ ਅਰਥ ਨਹੀਂ, ਮਾਇਆ ਦੇ ਰਸਤੇ ਪੈ ਕੇ (ਮਨੁੱਖ ਜ਼ਿੰਦਗੀ ਦੇ ਸਹੀ ਰਾਹ ਤੋਂ) ਖੁੰਝ ਜਾਂਦਾ ਹੈ।

2414	59	ਸਾਚਉ ਸਾਹਿਬੁ ਸੇਵੀਐ ਗੁਰਮੁਖਿ ਅਕਥੋ ਕਾਥਿ॥੬॥	ਅ-ਕਥੋ: ਪੋਲਾ ਬੋਲੋ	Saacho Saahib Saeveeai Guramukh Akathho Kaathh ||6||	So serve the True Lord; become Gurmukh, and speak the Unspoken. ||6||	(ਇਸ ਵਾਸਤੇ, ਹੇ ਭਾਈ!) ਸਦਾ ਕਾਇਮ ਰਹਿਣ ਵਾਲੇ ਮਾਲਕ ਨੂੰ ਯਾਦ ਕਰਨਾ ਚਾਹੀਦਾ ਹੈ। ਪਰ ਉਸ ਬੇਅੰਤ ਗੁਣਾਂ ਵਾਲੇ ਮਾਲਕ ਦੀ ਸਿਫ਼ਤ-ਸਾਲਾਹ ਗੁਰੂ ਦੀ ਰਾਹੀਂ ਹੀ ਕੀਤੀ ਜਾ ਸਕਦੀ ਹੈ ॥੬॥
2415	59	ਆਵੈ ਜਾਇ ਭਵਾਈਐ ਪਇਐ ਕਿਰਤਿ ਕਮਾਇ॥		Aavai Jaae Bhavaaeeai Paeiai Kirath Kamaae ||	Coming and going, people wander through reincarnation; they act according to their past actions.	ਜੀਵ ਆਪਣੇ ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ (ਅਗਾਂਹ ਭੀ ਉਹੋ ਜਿਹੇ) ਕਰਮ ਕਮਾਂਦਾ ਰਹਿੰਦਾ ਹੈ (ਇਸ ਦਾ ਨਤੀਜਾ ਇਹ ਨਿਕਲਦਾ ਹੈ ਕਿ) ਜੀਵ ਜੰਮਦਾ ਹੈ ਮਰਦਾ ਹੈ ਜੰਮਦਾ ਹੈ ਮਰਦਾ ਹੈ, ਇਸ ਗੇੜ ਵਿਚ ਪਿਆ ਰਹਿੰਦਾ ਹੈ।
2416	59	ਪੂਰਬਿ ਲਿਖਿਆ ਕਿਉ ਮੇਟੀਐ ਲਿਖਿਆ ਲੇਖੁ ਰਜਾਇ॥		Poorab Likhiaa Kio Maetteeai Likhiaa Laekh Rajaae ||	How can one's pre-ordained destiny be erased? It is written in accordance with the Lord's Will.	ਪਿਛਲੇ ਕਰਮਾਂ ਅਨੁਸਾਰ ਲਿਖਿਆ (ਮੱਥੇ ਦਾ) ਲੇਖ ਪਰਮਾਤਮਾ ਦੇ ਹੁਕਮ ਵਿਚ ਲਿਖਿਆ ਜਾਂਦਾ ਹੈ, ਇਸ ਨੂੰ ਕਿਵੇਂ ਮਿਟਾਇਆ ਜਾ ਸਕਦਾ ਹੈ?

2417	59	ਬਿਨੁ ਹਰਿ ਨਾਮ ਨ ਛੁਟੀਐ ਗੁਰਮਤਿ ਮਿਲੈ ਮਿਲਾਇ॥੭॥		Bin Har Naam N Shhutteeai Guramath Milai Milaae ||7||	Without the Name of the Lord, no one can be saved. Through the Guru's Teachings, we are united in His Union. ||7||	(ਇਹਨਾਂ ਲਿਖੇ ਲੇਖਾਂ ਦੀ ਸੰਗਲੀ ਦੇ ਜਕੜ ਵਿਚੋਂ) ਪਰਮਾਤਮਾ ਦੇ ਨਾਮ ਤੋਂ ਬਿਨਾ ਖ਼ਲਾਸੀ ਨਹੀਂ ਹੋ ਸਕਦੀ। ਜਦੋਂ ਗੁਰੂ ਦੀ ਮਤਿ ਮਿਲਦੀ ਹੈ ਤਦੋਂ ਹੀ (ਪ੍ਰਭੂ ਜੀਵ ਨੂੰ ਆਪਣੇ ਚਰਨਾਂ ਵਿਚ) ਜੋੜਦਾ ਹੈ ॥੭॥
2418	59	ਤਿਸੁ ਬਿਨੁ ਮੇਰਾ ਕੋ ਨਹੀ ਜਿਸ ਕਾ ਜੀਉ ਪਰਾਨੁ॥		This Bin Maeraa Ko Nehee Jis Kaa Jeeo Paraan ||	Without Him, I have no one to call my own. My soul and my breath of life belong to Him.	(ਹੇ ਭਾਈ! ਗੁਰੂ ਦੀ ਸਰਨ ਪੈ ਕੇ ਮੈਨੂੰ ਇਹ ਸਮਝ ਆਈ ਹੈ ਕਿ) ਜਿਸ ਪਰਮਾਤਮਾ ਦੀ ਦਿੱਤੀ ਹੋਈ ਇਹ ਜਿੰਦ ਹੈ ਇਹ ਪ੍ਰਾਣ ਹਨ, ਉਸ ਤੋਂ ਬਿਨਾ (ਸੰਸਾਰ ਵਿਚ) ਮੇਰਾ ਕੋਈ ਹੋਰ ਆਸਰਾ ਨਹੀਂ ਹੈ।
2419	59	ਹਉਮੈ ਮਮਤਾ ਜਲਿ ਬਲਉ ਲੋਭੁ ਜਲਉ ਅਭਿਮਾਨੁ॥		Houmai Mamathaa Jal Balo Lobh Jalo Abhimaan ||	May my egotism and possessiveness be burnt to ashes, and my greed and egotistical pride consigned to the fire.	ਮੇਰੀ ਇਹ ਹਉਮੈ ਸੜ ਜਾਏ, ਮੇਰੀ ਇਹ ਅਪਣੱਤ ਜਲ ਜਾਏ, ਮੇਰਾ ਇਹ ਲੋਭ ਸੜ ਜਾਏ ਤੇ ਮੇਰਾ ਇਹ ਅਹੰਕਾਰ ਸੜ ਬਲ ਜਾਏ (ਜਿਨ੍ਹਾਂ ਮੈਨੂੰ ਪਰਮਾਤਮਾ ਦੇ ਨਾਮ ਤੋਂ ਵਿਛੋੜਿਆ ਹੈ)।
2420	59	ਨਾਨਕ ਸਬਦੁ ਵੀਚਾਰੀਐ ਪਾਈਐ ਗੁਣੀ ਨਿਧਾਨੁ॥੮॥੧੦॥		Naanak Sabadh Veechaareeai Paaeeai Gunee Nidhhaan ||8||10||	O Nanak, contemplating the Shabad, the Treasure of Excellence is obtained. ||8||10||	ਹੇ ਨਾਨਕ! ਗੁਰੂ ਦੇ ਸ਼ਬਦ ਨੂੰ ਵਿਚਾਰਨਾ ਚਾਹੀਦਾ ਹੈ, (ਗੁਰੂ ਦੇ ਸ਼ਬਦ ਵਿਚ ਜੁੜਿਆਂ ਹੀ) ਗੁਣਾਂ ਦਾ ਖ਼ਜ਼ਾਨਾ ਪਰਮਾਤਮਾ ਮਿਲਦਾ ਹੈ ॥੮॥੧੦॥

2421	59	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
2422	59	ਰੇ ਮਨ ਐਸੀ ਹਰਿ ਸਿਉ ਪ੍ਰੀਤਿ ਕਰਿ ਜੈਸੀ ਜਲ ਕਮਲੇਹਿ॥		Rae Man Aisee Har Sio Preeth Kar Jaisee Jal Kamalaehi ||	O mind, love the Lord, as the lotus loves the water.	ਹੇ ਮਨ! ਪਰਮਾਤਮਾ ਨਾਲ ਇਹੋ ਜਿਹਾ ਪਿਆਰ ਕਰ, ਜਿਹੋ ਜਿਹਾ ਪਾਣੀ ਦਾ ਕੌਲ ਫੁੱਲ ਵਿਚ ਹੈ (ਤੇ ਕੌਲ ਫੁੱਲ ਦਾ ਪਾਣੀ ਵਿਚ)।
2423	59	ਲਹਰੀ ਨਾਲਿ ਪਛਾੜੀਐ ਭੀ ਵਿਗਸੈ ਅਸਨੇਹਿ॥	ਵਿਗਸੈ: ਪੋਲਾ ਬੋਲੋ	Leharee Naal Pashhaarreeai Bhee Vigasai Asanaehi ||	Tossed about by the waves, it still blossoms with love.	ਕੌਲ ਫੁੱਲ ਪਾਣੀ ਦੀਆਂ ਲਹਰਾਂ ਨਾਲ ਧੱਕੇ ਖਾਂਦਾ ਹੈ, ਫਿਰ ਭੀ (ਪਰਸਪਰ) ਪਿਆਰ ਦੇ ਕਾਰਨ ਕੌਲ ਫੁੱਲ ਖਿੜਦਾ (ਹੀ) ਹੈ (ਧੱਕਿਆਂ ਤੋਂ ਗੁੱਸੇ ਨਹੀਂ ਹੁੰਦਾ)।
2424	59	ਜਲ ਮਹਿ ਜੀਅ ਉਪਾਇ ਕੈ ਬਿਨੁ ਜਲ ਮਰਣੁ ਤਿਨੇਹਿ॥੧॥		Jal Mehi Jeea Oupaae Kai Bin Jal Maran Thinaehi ||1||	In the water, the creatures are created; outside of the water they die. ||1||	ਪਾਣੀ ਵਿਚ (ਕੌਲ ਫੁੱਲਾਂ ਦੀਆਂ) ਜਿੰਦਾਂ ਪੈਦਾ ਕਰ ਕੇ (ਪਰਮਾਤਮਾ ਐਸੀ ਖੇਡ ਖੇਡਦਾ ਹੈ ਕਿ) ਪਾਣੀ ਤੋਂ ਬਿਨਾ ਉਹਨਾਂ (ਕੌਲ ਫੁੱਲਾਂ) ਦੀ ਮੌਤ ਹੋ ਜਾਂਦੀ ਹੈ ॥੧॥
2425	60	ਮਨ ਰੇ ਕਿਉ ਛੂਟਹਿ ਬਿਨੁ ਪਿਆਰ॥		Man Rae Kio Shhoottehi Bin Piaar ||	O mind, how can you be saved without love?	ਹੇ ਮਨ! (ਪ੍ਰਭੂ ਨਾਲ) ਪਿਆਰ ਪਾਉਣ ਤੋਂ ਬਿਨਾ ਤੂੰ (ਮਾਇਆ ਦੇ ਹੱਲਿਆਂ ਤੋਂ) ਬਚ ਨਹੀਂ ਸਕਦਾ।

2426	60	ਗੁਰਮੁਖਿ ਅੰਤਰਿ ਰਵਿ ਰਹਿਆ ਬਖਸੇ ਭਗਤਿ ਭੰਡਾਰ॥੧॥ਰਹਾਉ॥		Guramukh Anthar Rav Rehiaa Bakhasae Bhagath Bhanddaar ||1|| Rehaao ||	God permeates the inner beings of the Gurmukhs. They are blessed with the treasure of devotion. ||1||Pause||	(ਪਰ ਇਹ ਪਿਆਰ ਗੁਰੂ ਦੀ ਸਰਨ ਪੈਣ ਤੋਂ ਬਿਨਾ ਨਹੀਂ ਮਿਲਦਾ) ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਦੇ ਅੰਦਰ (ਗੁਰੂ ਦੀ ਕਿਰਪਾ ਨਾਲ ਐਸੀ ਪਿਆਰ-ਸਾਂਝ ਬਣਦੀ ਹੈ ਕਿ) ਪਰਮਾਤਮਾ ਹਰ ਵੇਲੇ ਮੌਜੂਦ ਰਹਿੰਦਾ ਹੈ, ਗੁਰੂ ਉਹਨਾਂ ਨੂੰ ਪ੍ਰਭੂ ਦੀ ਭਗਤੀ ਦੇ ਖ਼ਜ਼ਾਨੇ ਹੀ ਬਖ਼ਸ਼ ਦੇਂਦਾ ਹੈ ॥੧॥ ਰਹਾਉ ॥
2427	60	ਰੇ ਮਨ ਐਸੀ ਹਰਿ ਸਿਉ ਪ੍ਰੀਤਿ ਕਰਿ ਜੈਸੀ ਮਛੁਲੀ ਨੀਰ॥		Rae Man Aisee Har Sio Preeth Kar Jaisee Mashhulee Neer ||	O mind, love the Lord, as the fish loves the water.	ਹੇ ਮਨ! ਪਰਮਾਤਮਾ ਨਾਲ ਇਹੋ ਜਿਹਾ ਪ੍ਰੇਮ ਕਰ, ਜਿਹੋ ਜਿਹਾ ਮੱਛੀ ਦਾ ਪਾਣੀ ਨਾਲ ਹੈ।
2428	60	ਜਿਉ ਅਧਿਕਉ ਤਿਉ ਸੁਖੁ ਘਣੋ ਮਨਿ ਤਨਿ ਸਾਂਤਿ ਸਰੀਰ॥	ਅਧਿ-ਕਉ: ਪੋਲਾ ਬੋਲੋ	Jio Adhhiko Thio Sukh Ghano Man Than Saanth Sareer ||	The more the water, the more the happiness, and the greater the peace of mind and body.	ਪਾਣੀ ਜਿਤਨਾ ਹੀ ਵਧੀਕ ਹੈ, ਮੱਛੀ ਨੂੰ ਉਤਨਾ ਹੀ ਵਧੀਕ ਸੁਖ-ਆਨੰਦ ਹੁੰਦਾ ਹੈ, ਉਸ ਦੇ ਮਨ ਵਿਚ ਤਨ ਵਿਚ ਸਰੀਰ ਵਿਚ ਠੰਡ ਪੈਂਦੀ ਹੈ।
2429	60	ਬਿਨੁ ਜਲ ਘੜੀ ਨ ਜੀਵਈ ਪ੍ਰਭੁ ਜਾਣੈ ਅਭ ਪੀਰ॥੨॥		Bin Jal Gharree N Jeevee Prabh Jaanai Abh Peer ||2||	Without water, she cannot live, even for an instant. God knows the suffering of her mind. ||2||	ਪਾਣੀ ਤੋਂ ਬਿਨਾ ਇਕ ਘੜੀ ਭੀ ਜੀਊ ਨਹੀਂ ਸਕਦੀ। ਮੱਛੀ ਦੇ ਹਿਰਦੇ ਦੀ ਇਹ ਵੇਦਨਾ ਪਰਮਾਤਮਾ (ਆਪ) ਜਾਣਦਾ ਹੈ ॥੨॥

2430	60	ਰੇ ਮਨ ਐਸੀ ਹਰਿ ਸਿਉ ਪ੍ਰੀਤਿ ਕਰਿ ਜੈਸੀ ਚਾਤ੍ਰਿਕ ਮੇਹ॥		Rae Man Aisee Har Sio Preeth Kar Jaisee Chaathrik Maeh ||	O mind, love the Lord, as the song-bird loves the rain.	ਹੇ ਮਨ! ਪ੍ਰਭੂ ਨਾਲ ਇਹੋ ਜਿਹੀ ਪ੍ਰੀਤ ਕਰ, ਜਿਹੋ ਜਿਹੀ ਪਪੀਹੇ ਦੀ ਮੀਂਹ ਨਾਲ ਹੈ।
2431	60	ਸਰ ਭਰਿ ਥਲ ਹਰੀਆਵਲੇ ਇਕ ਬੂੰਦ ਨ ਪਵਈ ਕੇਹ॥	ਹਰੀ-ਆਵਲੇ: ਬਿਹਾਰੀ ਦੱਬ ਕੇ ਬੋਲੋ, ਹਰਿਆਵਲਾ ਨ ਉਚਾਰੋ ਜੀ	Sar Bhar Thhal Hareeaavalae Eik Boondh N Pavee Kaeh ||	The pools are overflowing with water, and the land is luxuriantly green, but what are they to her, if that single drop of rain does not fall into her mouth?	(ਪਾਣੀ ਨਾਲ) ਸਰੋਵਰ ਭਰੇ ਹੋਏ ਹੁੰਦੇ ਹਨ, ਧਰਤੀ (ਪਾਣੀ ਦੀ ਬਰਕਤਿ ਨਾਲ) ਹਰਿਆਵਲੀ ਹੋਈ ਪਈ ਹੁੰਦੀ ਹੈ, ਪਰ ਜੇ (ਸ੍ਵਾਂਤੀ ਨਛੱਤ੍ਰ ਵਿਚ ਪਏ ਮੀਂਹ ਦੀ) ਇਕ ਬੂੰਦ (ਪਪੀਹੇ ਦੇ ਮੂੰਹ ਵਿਚ) ਨਾਹ ਪਏ, ਤਾਂ ਉਸ ਨੂੰ ਇਸ ਸਾਰੇ ਪਾਣੀ ਨਾਲ ਕੋਈ ਭਾਗ ਨਹੀਂ।
2432	60	ਕਰਮਿ ਮਿਲੈ ਸੋ ਪਾਈਐ ਕਿਰਤੁ ਪਇਆ ਸਿਰਿ ਦੇਹ॥੩॥		Karam Milai So Paaeeai Kirath Paeiaa Sir Dhaeh ||3||	By His Grace, she receives it; otherwise, because of her past actions, she gives her head. ||3||	(ਪਰ ਹੇ ਮਨ! ਤੇਰੇ ਭੀ ਕੀਹ ਵੱਸ! ਪਰਮਾਤਮਾ) ਆਪਣੀ ਮਿਹਰ ਨਾਲ ਹੀ ਮਿਲੇ ਤਾਂ ਮਿਲਦਾ ਹੈ, (ਨਹੀਂ ਤਾਂ) ਪੂਰਬਲਾ ਕਮਾਇਆ ਹੋਇਆ ਸਿਰ ਉੱਤੇ ਸਰੀਰ ਉੱਤੇ ਝੱਲਣਾ ਹੀ ਪੈਂਦਾ ਹੈ ॥੩॥

2433	60	ਰੇ ਮਨ ਐਸੀ ਹਰਿ ਸਿਉ ਪ੍ਰੀਤਿ ਕਰਿ ਜੈਸੀ ਜਲ ਦੁਧ ਹੋਇ॥		Rae Man Aisee Har Sio Preeth Kar Jaisee Jal Dhudhh Hoe ||	O mind, love the Lord, as the water loves the milk.	ਹੇ ਮਨ! ਹਰੀ ਨਾਲ ਇਹੋ ਜਿਹਾ ਪਿਆਰ ਬਣਾ, ਜਿਹੋ ਜਿਹਾ ਪਾਣੀ ਤੇ ਦੁੱਧ ਦਾ ਹੈ। (ਪਾਣੀ ਦੁੱਧ ਵਿਚ ਆ ਮਿਲਦਾ ਹੈ, ਦੁੱਧ ਦੀ ਸਰਨ ਪੈਂਦਾ ਹੈ, ਦੁੱਧ ਉਸ ਨੂੰ ਆਪਣਾ ਰੂਪ ਬਣਾ ਲੈਂਦਾ ਹੈ।
2434	60	ਆਵਟਣੁ ਆਪੇ ਖਵੈ ਦੁਧ ਕਉ ਖਪਣਿ ਨ ਦੇਇ॥	(ਆ–ਵੱਟਣੁ) ਉਬਾਲੇ। ਦੁੱਧ। ਖਪਣਿ: ਪੋਲਾ ਬੋਲੋ	Aavattan Aapae Khavai Dhudhh Ko Khapan N Dhaee ||	The water, added to the milk, itself bears the heat, and prevents the milk from burning.	ਜਦੋਂ ਉਸ ਪਾਣੀ-ਰਲੇ ਦੁੱਧ ਨੂੰ ਅੱਗ ਉੱਤੇ ਰੱਖੀਦਾ ਹੈ ਤਾਂ) ਉਬਾਲਾ (ਪਾਣੀ) ਆਪ ਹੀ ਸਹਾਰਦਾ ਹੈ, ਦੁੱਧ ਨੂੰ ਸੜਨ ਨਹੀਂ ਦੇਂਦਾ।
2435	60	ਆਪੇ ਮੇਲਿ ਵਿਛੁੰਨਿਆ ਸਚਿ ਵਡਿਆਈ ਦੇਇ॥੪॥		Aapae Mael Vishhunniaa Sach Vaddiaaee Dhaee ||4||	God unites the separated ones with Himself again, and blesses them with true greatness. ||4||	(ਇਸੇ ਤਰ੍ਹਾਂ ਜੇ ਜੀਵ ਆਪਣੇ ਆਪ ਨੂੰ ਕੁਰਬਾਨ ਕਰਨ, ਤਾਂ ਪ੍ਰਭੂ) ਵਿੱਛੁੜੇ ਜੀਵਾਂ ਨੂੰ ਆਪਣੇ ਸਦਾ-ਥਿਰ ਨਾਮ ਵਿਚ ਮੇਲ ਕੇ (ਲੋਕ ਪਰਲੋਕ ਵਿਚ) ਇੱਜ਼ਤ-ਮਾਣ ਦੇਂਦਾ ਹੈ ॥੪॥
2436	60	ਰੇ ਮਨ ਐਸੀ ਹਰਿ ਸਿਉ ਪ੍ਰੀਤਿ ਕਰਿ ਜੈਸੀ ਚਕਵੀ ਸੂਰ॥	(ਸੂਰ) ਸੂਰਜ	Rae Man Aisee Har Sio Preeth Kar Jaisee Chakavee Soor ||	O mind, love the Lord, as the chakvee duck loves the sun.	ਹੇ ਮਨ! ਪਰਮਾਤਮਾ ਨਾਲ ਇਹੋ ਜਿਹਾ ਪਿਆਰ ਕਰ, ਜਿਹੋ ਜਿਹਾ ਚਕਵੀ ਦਾ (ਪਿਆਰ) ਸੂਰਜ ਨਾਲ ਹੈ।

2437	60	ਖਿਨੁ ਪਲੁ ਨੀਦ ਨ ਸੋਵਈ ਜਾਣੈ ਦੂਰਿ ਹਜੂਰਿ॥	ਸੋ–ਵਈ	Khin Pal Needh N Sovee Jaanai Dhoor Hajoor ||	She does not sleep, for an instant or a moment; the sun is so far away, but she thinks that it is near.	(ਜਦੋਂ ਸੂਰਜ ਡੁੱਬ ਜਾਂਦਾ ਹੈ, ਚਕਵੀ ਦੀ ਨਜ਼ਰੋਂ ਉਹਲੇ ਹੋ ਜਾਂਦਾ ਹੈ, ਤਾਂ ਉਹ ਚਕਵੀ) ਇਕ ਖਿਨ ਭਰ ਇਕ ਪਲ ਭਰ ਨੀਂਦ (ਦੇ ਵੱਸ ਆ ਕੇ) ਨਹੀਂ ਸੌਂਦੀ, ਦੂਰ (-ਲੁਕੇ ਸੂਰਜ) ਨੂੰ ਆਪਣੇ ਅੰਗ-ਸੰਗ ਸਮਝਦੀ ਹੈ।
2438	60	ਮਨਮੁਖਿ ਸੋਝੀ ਨਾ ਪਵੈ ਗੁਰਮੁਖਿ ਸਦਾ ਹਜੂਰਿ॥੫॥		Manamukh Sojhee Naa Pavai Guramukh Sadhaa Hajoor ||5||	Understanding does not come to the self-willed manmukh. But to the Gurmukh, the Lord is always close. ||5||	ਜੇਹੜਾ ਮਨੁੱਖ ਗੁਰੂ ਦੇ ਸਨਮੁੱਖ ਰਹਿੰਦਾ ਹੈ, ਉਸ ਨੂੰ ਪਰਮਾਤਮਾ ਆਪਣੇ ਅੰਗ-ਸੰਗ ਦਿੱਸਦਾ ਹੈ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਨੂੰ ਇਹ ਸਮਝ ਨਹੀਂ ਪੈਂਦੀ ॥੫॥
2439	60	ਮਨਮੁਖਿ ਗਣਤ ਗਣਾਵਣੀ ਕਰਤਾ ਕਰੇ ਸੁ ਹੋਇ॥		Manamukh Ganath Ganaavanee Karathaa Karae S Hoe ||	The self-willed manmukhs make their calculations and plans, but only the actions of the Creator come to pass.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਆਪਣੀਆਂ ਹੀ ਵਡਿਆਈਆਂ ਕਰਦਾ ਹੈ (ਪਰ ਜੀਵ ਦੇ ਭੀ ਕੀਹ ਵੱਸ?) ਉਹੀ ਕੁਝ ਹੁੰਦਾ ਹੈ ਜੋ ਕਰਤਾਰ (ਆਪ) ਕਰਦਾ (ਕਰਾਂਦਾ ਹੈ)।
2440	60	ਤਾ ਕੀ ਕੀਮਤਿ ਨਾ ਪਵੈ ਜੇ ਲੋਚੈ ਸਭੁ ਕੋਇ॥		Thaa Kee Keemath Naa Pavai Jae Lochai Sabh Koe ||	His Value cannot be estimated, even though everyone may wish to do so.	(ਕਰਤਾਰ ਦੀ ਮਿਹਰ ਤੋਂ ਬਿਨਾ) ਜੇ ਕੋਈ ਜੀਵ (ਆਪਣੀਆਂ ਵਡਿਆਈਆਂ ਛੱਡਣ ਦਾ ਜਤਨ ਭੀ ਕਰੇ, ਤੇ ਪਰਮਾਤਮਾ ਦੇ ਗੁਣਾਂ ਦੀ ਕਦਰ ਪਛਾਣਨ ਦਾ ਉੱਦਮ ਕਰੇ, ਤਾਂ ਭੀ) ਉਸ ਪ੍ਰਭੂ ਦੇ ਗੁਣਾਂ ਦੀ ਕਦਰ ਨਹੀਂ ਪੈ ਸਕਦੀ।

2441	60	ਗੁਰਮਤਿ ਹੋਇ ਤ ਪਾਈਐ ਸਚਿ ਮਿਲੈ ਸੁਖੁ ਹੋਇ॥੬॥		Guramath Hoe Th Paaeeai Sach Milai Sukh Hoe ||6||	Through the Guru's Teachings, it is revealed. Meeting with the True One, peace is found. ||6||	(ਪਰਮਾਤਮਾ ਦੇ ਗੁਣਾਂ ਦੀ ਕਦਰ) ਤਦੋਂ ਹੀ ਪੈਂਦੀ ਹੈ, ਜਦੋਂ ਗੁਰੂ ਦੀ ਸਿੱਖਿਆ ਪ੍ਰਾਪਤ ਹੋਵੇ। (ਗੁਰੂ ਦੀ ਮਤਿ ਮਿਲਿਆਂ ਹੀ ਮਨੁੱਖ ਪ੍ਰਭੂ ਦੇ ਸਦਾ-ਥਿਰ ਨਾਮ ਵਿਚ ਜੁੜਦਾ ਹੈ ਤੇ ਆਤਮਕ ਆਨੰਦ ਮਾਣਦਾ ਹੈ ॥੬॥
2442	60	ਸਚਾ ਨੇਹੁ ਨ ਤੁਟਈ ਜੇ ਸਤਿਗੁਰੁ ਭੇਟੈ ਸੋਇ॥		Sachaa Naehu N Thuttee Jae Sathigur Bhaettai Soe ||	True love shall not be broken, if the True Guru is met.	(ਪ੍ਰਭੂ-ਚਰਨਾਂ ਵਿਚ ਜੋੜਨ ਵਾਲਾ) ਜੇ ਉਹ ਗੁਰੂ ਮਿਲ ਪਏ, ਤਾਂ (ਉਸ ਦਾ ਮਿਹਰ ਦਾ ਸਦਕਾ ਪ੍ਰਭੂ ਨਾਲ ਅਜੇਹਾ) ਪੱਕਾ ਪਿਆਰ (ਪੈਂਦਾ ਹੈ ਜੋ ਕਦੇ) ਟੁੱਟਦਾ ਨਹੀਂ।
2443	60	ਗਿਆਨ ਪਦਾਰਥੁ ਪਾਈਐ ਤ੍ਰਿਭਵਣ ਸੋਝੀ ਹੋਇ॥		Giaan Padhaarathh Paaeeai Thribhavan Sojhee Hoe ||	Obtaining the wealth of spiritual wisdom, the understanding of the three worlds is acquired.	(ਗੁਰੂ ਦੀ ਕਿਰਪਾ ਨਾਲ) ਪਰਮਾਤਮਾ ਨਾਲ ਡੂੰਘੀ ਸਾਂਝ ਪਾਣ ਵਾਲਾ ਨਾਮ-ਪਦਾਰਥ ਮਿਲਦਾ ਹੈ, ਇਹ ਸਮਝ ਭੀ ਪੈਂਦੀ ਹੈ ਕਿ ਪ੍ਰਭੂ ਤਿੰਨਾਂ ਭਵਨਾਂ ਵਿਚ ਮੌਜੂਦ ਹੈ।
2444	60	ਨਿਰਮਲੁ ਨਾਮੁ ਨ ਵੀਸਰੈ ਜੇ ਗੁਣ ਕਾ ਗਾਹਕੁ ਹੋਇ॥੭॥		Niramal Naam N Veesarai Jae Gun Kaa Gaahak Hoe ||7||	So become a customer of merit, and do not forget the Immaculate Naam, the Name of the Lord. ||7||	ਜੇ ਮਨੁੱਖ (ਗੁਰੂ ਦੀ ਮਿਹਰ ਦਾ ਸਦਕਾ) ਪਰਮਾਤਮਾ ਦੇ ਗੁਣਾਂ (ਦੇ ਸੌਦੇ) ਦਾ ਖ਼ਰੀਦਣ ਵਾਲਾ ਬਣ ਜਾਏ, ਤਾਂ ਇਸ ਨੂੰ ਪ੍ਰਭੂ ਦਾ ਪਵਿਤ੍ਰ ਨਾਮ (ਫਿਰ ਕਦੇ) ਨਹੀਂ ਭੁੱਲਦਾ ॥੭॥

2445	60	ਖੇਲਿ ਗਏ ਸੇ ਪੰਖਨੂੰ ਜੋ ਚੁਗਦੇ ਸਰ ਤਲਿ॥		Khael Geae Sae Pankhanoon Jo Chugadhae Sar Thal ||	Those birds which peck at the shore of the pool have played and have departed.	(ਹੇ ਮਨ! ਵੇਖ) ਜੇਹੜੇ ਜੀਵ-ਪੰਛੀ ਇਸ (ਸੰਸਾਰ-) ਸਰੋਵਰ ਉੱਤੇ (ਚੋਗ) ਚੁਗਦੇ ਹਨ ਉਹ (ਆਪੋ ਆਪਣੀ ਜੀਵਨ-) ਖੇਡ ਖੇਡ ਕੇ ਚਲੇ ਜਾਂਦੇ ਹਨ।
2446	60	ਘੜੀ ਕਿ ਮੁਹਤਿ ਕਿ ਚਲਣਾ ਖੇਲਣੁ ਅਜੁ ਕਿ ਕਲਿ॥	ਚੱਲਣਾ। ਖ੍ਹੇਲਣ। ਅੱਜੁ। ਕੱਲ੍ਹਿ।	Gharree K Muhath K Chalanaa Khaelan Aj K Kal ||	In a moment, in an instant, we too must depart. Our play is only for today or tomorrow.	ਹਰੇਕ ਜੀਵ-ਪੰਛੀ ਨੇ ਘੜੀ ਪਲ ਦੀ ਖੇਡ ਖੇਡ ਕੇ ਇਥੋਂ ਤੁਰਦੇ ਜਾਣਾ ਹੈ, ਇਹ ਖੇਡ ਇਕ ਦੋ ਦਿਨਾਂ ਵਿਚ ਹੀ (ਛੇਤੀ ਹੀ) ਮੁੱਕ ਜਾਂਦੀ ਹੈ।
2447	60	ਜਿਸੁ ਤੂੰ ਮੇਲਹਿ ਸੋ ਮਿਲੈ ਜਾਇ ਸਚਾ ਪਿੜੁ ਮਲਿ॥੮॥	ਮੱਲਿ	Jis Thoon Maelehi So Milai Jaae Sachaa Pirr Mal ||8||	But those whom You unite, Lord, are united with You; they obtain a seat in the Arena of Truth. ||8||	(ਹੇ ਮਨ! ਪ੍ਰਭੂ ਦੇ ਦਰ ਤੇ ਸਦਾ ਅਰਦਾਸ ਕਰ ਤੇ ਆਖ-ਹੇ ਪ੍ਰਭੂ!) ਜਿਸ ਨੂੰ ਤੂੰ ਆਪ ਮਿਲਾਂਦਾ ਹੈਂ, ਉਹੀ ਤੇਰੇ ਚਰਨਾਂ ਵਿਚ ਜੁੜਦਾ ਹੈ, ਉਹ ਇਥੋਂ ਸੱਚੀ ਜੀਵਨ-ਬਾਜ਼ੀ ਜਿੱਤ ਕੇ ਜਾਂਦਾ ਹੈ ॥੮॥
2448	60	ਬਿਨੁ ਗੁਰ ਪ੍ਰੀਤਿ ਨ ਊਪਜੈ ਹਉਮੈ ਮੈਲੁ ਨ ਜਾਇ॥		Bin Gur Preeth N Oopajai Houmai Mail N Jaae ||	Without the Guru, love does not well up, and the filth of egotism does not depart.	ਗੁਰੂ (ਦੀ ਸਰਨ ਪੈਣ) ਤੋਂ ਬਿਨਾ (ਪ੍ਰਭੂ-ਚਰਨਾਂ ਵਿਚ) ਪ੍ਰੀਤ ਪੈਦਾ ਨਹੀਂ ਹੁੰਦੀ (ਕਿਉਂਕਿ ਮਨੁੱਖ ਦੇ ਆਪਣੇ ਉੱਦਮ ਨਾਲ ਮਨ ਵਿਚੋਂ) ਹਉਮੈ ਦੀ ਮੈਲ ਦੂਰ ਨਹੀਂ ਹੋ ਸਕਦੀ।

2449	60	ਸੋ ਹੰ ਆਪੁ ਪਛਾਣੀਐ ਸਬਦਿ ਭੇਦਿ ਪਤੀਆਇ॥	(ਹੰ) ਹਰ ਜੀਵ ਦੇ ਅੰਦਰ। ਸੋ ਉਹ ਰੱਬ ਜੀ, (ਆਪੁ) ਅਪਣਾ ਆਪ ਸਰੂਪ ਨੂੰ, ਪੂਰਨ ਗੁਰੂ ਜੀ ਦੁਆਰਾ ਪਛਾਨਣਾ ਕਰੀਏ। ਪਤੀ-ਆਇ	Sohan Aap Pashhaaneeai Sabadh Bhaedh Patheeaae ||	One who recognizes within himself that, ""He is me"", and who is pierced through by the Shabad, is satisfied.	ਜਦੋਂ ਮਨੁੱਖ ਦਾ ਮਨ ਗੁਰੂ ਦੇ ਸ਼ਬਦ ਵਿਚ ਵਿੱਝ ਜਾਂਦਾ ਹੈ, ਗੁਰੂ ਦੇ ਸ਼ਬਦ ਵਿਚ ਪਤੀਜ ਜਾਂਦਾ ਹੈ, ਤਦੋਂ ਇਹ ਪਛਾਣ ਆਉਂਦੀ ਹੈ ਕਿ ਮੇਰਾ ਤੇ ਪ੍ਰਭੂ ਦਾ ਸੁਭਾਉ ਰਲਿਆ ਹੈ ਜਾਂ ਨਹੀਂ।
2450	60	ਗੁਰਮੁਖਿ ਆਪੁ ਪਛਾਣੀਐ ਅਵਰ ਕਿ ਕਰੇ ਕਰਾਇ॥੯॥		Guramukh Aap Pashhaaneeai Avar K Karae Karaae ||9||	When one becomes Gurmukh and realizes his own self, what more is there left to do or have done? ||9||	ਗੁਰੂ ਦੀ ਸਰਨ ਪੈ ਕੇ ਹੀ ਮਨੁੱਖ ਆਪਣੇ ਆਪ ਨੂੰ (ਆਪਣੇ ਅਸਲੇ ਨੂੰ) ਪਛਾਣਦਾ ਹੈ। (ਗੁਰੂ ਦੀ ਸਰਨ ਤੋਂ ਬਿਨਾ) ਜੀਵ ਹੋਰ ਕੋਈ ਉੱਦਮ ਕਰ ਕਰਾ ਨਹੀਂ ਸਕਦਾ ॥੯॥
2451	60	ਮਿਲਿਆ ਕਾ ਕਿਆ ਮੇਲੀਐ ਸਬਦਿ ਮਿਲੈ ਪਤੀਆਇ॥		Miliaa Kaa Kiaa Maeleeai Sabadh Milae Patheeaae ||	Why speak of union to those who are already united with the Lord? Receiving the Shabad, they are satisfied.	ਜੇਹੜੇ ਜੀਵ ਗੁਰੂ ਦੇ ਸ਼ਬਦ ਵਿਚ ਪਤੀਜ ਕੇ ਪ੍ਰਭੂ-ਚਰਨਾਂ ਵਿਚ ਮਿਲਦੇ ਹਨ, ਉਹਨਾਂ ਦੇ ਅੰਦਰ ਕੋਈ ਐਸਾ ਵਿਛੋੜਾ ਰਹਿ ਨਹੀਂ ਜਾਂਦਾ ਜਿਸ ਨੂੰ ਦੂਰ ਕਰਕੇ ਉਹਨਾਂ ਨੂੰ ਮੁੜ ਪ੍ਰਭੂ ਨਾਲ ਜੋੜਿਆ ਜਾਏ।
2452	60	ਮਨਮੁਖਿ ਸੋਝੀ ਨਾ ਪਵੈ ਵੀਛੁੜਿ ਚੋਟਾ ਖਾਇ॥		Manamukh Sojhee Naa Pavai Veeshhurr Chottaa Khaae ||	The self-willed manmukhs do not understand; separated from Him, they endure beatings.	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਨੂੰ ਇਹ ਸਮਝ ਨਹੀਂ ਪੈਂਦੀ, ਉਹ ਪ੍ਰਭੂ-ਚਰਨਾਂ ਤੋਂ ਵਿੱਛੁੜ ਕੇ (ਮਾਇਆ ਦੇ ਮੋਹ ਦੀਆਂ) ਚੋਟਾਂ ਖਾਂਦਾ ਹੈ।

2453	60	ਨਾਨਕ ਦਰੁ ਘਰੁ ਏਕੁ ਹੈ ਅਵਰੁ ਨ ਦੂਜੀ ਜਾਇ॥੧੦॥੧੧॥		Naanak Dhar Ghar Eaek Hai Avar N Dhoojee Jaae ||10||11||	O Nanak, there is only the one door to His Home; there is no other place at all. ||10||11||	ਹੇ ਨਾਨਕ! ਜੇਹੜਾ ਮਨੁੱਖ ਪ੍ਰਭੂ-ਚਰਨਾਂ ਵਿਚ ਮਿਲ ਗਿਆ ਹੈ ਉਸ ਨੂੰ ਪ੍ਰਭੂ ਹੀ ਇਕ ਆਸਰਾ ਪਰਨਾ (ਦਿੱਸਦਾ) ਹੈ। ਪ੍ਰਭੂ ਤੋਂ ਬਿਨਾ ਉਸ ਨੂੰ ਹੋਰ ਕੋਈ ਸਹਾਰਾ ਨਹੀਂ (ਦਿੱਸਦਾ) ਹੋਰ ਕੋਈ ਥਾਂ ਨਹੀਂ ਦਿੱਸਦੀ ॥੧੦॥੧੧॥
2454	60	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
2455	60	ਮਨਮੁਖਿ ਭੁਲੈ ਭੁਲਾਈਐ ਭੂਲੀ ਠਉਰ ਨ ਕਾਇ॥		Manamukh Bhulai Bhulaaeeai Bhoolee Thour N Kaae ||	The self-willed manmukhs wander around, deluded and deceived. They find no place of rest.	ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਇਸਤ੍ਰੀ (ਜੀਵਨ ਦੇ) ਸਹੀ ਰਸਤੇ ਤੋਂ ਖੁੰਝ ਜਾਂਦੀ ਹੈ, ਮਾਇਆ ਉਸ ਨੂੰ ਕੁਰਾਹੇ ਪਾ ਦੇਂਦੀ ਹੈ, ਰਾਹੋਂ ਖੁੰਝੀ ਹੋਈ ਨੂੰ (ਗੁਰੂ ਤੋਂ ਬਿਨਾ) ਕੋਈ (ਐਸਾ) ਥਾਂ ਨਹੀਂ ਲੱਭਦਾ (ਜੇਹੜਾ ਉਸ ਨੂੰ ਰਸਤਾ ਵਿਖਾ ਦੇਵੇ)।
2456	60	ਗੁਰ ਬਿਨੁ ਕੋ ਨ ਦਿਖਾਵਈ ਅੰਧੀ ਆਵੈ ਜਾਇ॥		Gur Bin Ko N Dhikhaavee Andhhee Aavai Jaae ||	Without the Guru, no one is shown the Way. Like the blind, they continue coming and going.	ਗੁਰੂ ਤੋਂ ਬਿਨਾ ਹੋਰ ਕੋਈ ਭੀ (ਸਹੀ ਰਸਤਾ) ਵਿਖਾ ਨਹੀਂ ਸਕਦਾ। (ਮਾਇਆ ਦੇ ਵਿਚ) ਅੰਨ੍ਹੀ ਹੋਈ ਜੀਵ-ਇਸਤ੍ਰੀ ਭਟਕਦੀ ਫਿਰਦੀ ਹੈ।

2457	60	ਗਿਆਨ ਪਦਾਰਥੁ ਖੋਇਆ ਠਗਿਆ ਮੁਠਾ ਜਾਇ॥੧॥	ਠੱਗਿਆ। ਮੁੱਠਾ	Giaan Padhaarathh Khoeiaa Thagiaa Muthaa Jaae ||1||	Having lost the treasure of spiritual wisdom, they depart, defrauded and plundered. ||1||	ਜਿਸ ਭੀ ਜੀਵ ਨੇ (ਮਾਇਆ ਦੇ ਢਹੇ ਚੜ੍ਹ ਕੇ) ਪਰਮਾਤਮਾ ਨਾਲ ਡੂੰਘੀ ਸਾਂਝ ਪੈਦਾ ਕਰਨ ਵਾਲਾ ਨਾਮ-ਧਨ ਗਵਾ ਲਿਆ ਹੈ, ਉਹ ਠੱਗਿਆ ਜਾਂਦਾ ਹੈ, ਉਹ (ਆਤਮਕ ਜੀਵਨ ਵਲੋਂ) ਲੁੱਟਿਆ ਜਾਂਦਾ ਹੈ ॥੧॥
2458	60	ਬਾਬਾ ਮਾਇਆ ਭਰਮਿ ਭੁਲਾਇ॥		Baabaa Maaeiaa Bharam Bhulaae ||	O Baba, Maya deceives with its illusion.	ਹੇ ਭਾਈ! ਮਾਇਆ (ਜੀਵਾਂ ਨੂੰ) ਭੁਲੇਖੇ ਵਿਚ ਪਾ ਕੇ ਕੁਰਾਹੇ ਪਾ ਦੇਂਦੀ ਹੈ।
2459	60	ਭਰਮਿ ਭੁਲੀ ਡੋਹਾਗਣੀ ਨਾ ਪਿਰ ਅੰਕਿ ਸਮਾਇ॥੧॥ਰਹਾਉ॥		Bharam Bhulee Ddohaaganee Naa Pir Ank Samaae ||1|| Rehaao ||	Deceived by doubt, the discarded bride is not received into the Lap of her Beloved. ||1||Pause||	ਜੇਹੜੀ ਭਾਗ ਹੀਣ ਜੀਵ-ਇਸਤ੍ਰੀ ਭੁਲੇਖੇ ਵਿਚ ਪੈ ਕੇ ਕੁਰਾਹੇ ਪੈਂਦੀ ਹੈ, ਉਹ (ਕਦੇ ਭੀ) ਪ੍ਰਭੂ-ਪਤੀ ਦੇ ਚਰਨਾਂ ਵਿਚ ਲੀਨ ਨਹੀਂ ਹੋ ਸਕਦੀ ॥੧॥ ਰਹਾਉ ॥
2460	60	ਭੂਲੀ ਫਿਰੈ ਦਿਸੰਤਰੀ ਭੂਲੀ ਗ੍ਰਿਹੁ ਤਜਿ ਜਾਇ॥		Bhoolee Firai Dhisantharee Bhoolee Grihu Thaj Jaae ||	The deceived bride wanders around in foreign lands; she leaves, and abandons her own home.	ਜੀਵਨ ਦੇ ਰਾਹ ਤੋਂ ਖੁੰਝੀ ਹੋਈ ਜੀਵ-ਇਸਤ੍ਰੀ ਹੀ ਗ੍ਰਿਹਸਤ ਤਿਆਗ ਕੇ ਦੇਸ ਦੇਸਾਂਤਰਾਂ ਵਿਚ ਫਿਰਦੀ ਹੈ।

2461	60	ਭੂਲੀ ਡੂੰਗਰਿ ਥਲਿ ਚੜੈ ਭਰਮੈ ਮਨੁ ਡੋਲਾਇ॥	ਚੜ੍ਹੈ	Bhoolee Ddoongar Thhal Charrai Bharamai Man Ddolaae ||	Deceived, she climbs the plateaus and mountains; her mind wavers in doubt.	ਖੁੰਝੀ ਹੋਈ ਹੀ ਕਦੇ ਕਿਸੇ ਪਹਾੜ (ਦੀ ਗੁਫ਼ਾ) ਵਿਚ ਬੈਠਦੀ ਹੈ ਕਦੇ ਕਿਸੇ ਟਿੱਲੇ ਉੱਤੇ ਚੜ੍ਹ ਬੈਠਦੀ ਹੈ, ਭਟਕਦੀ ਫਿਰਦੀ ਹੈ, ਉਸਦਾ ਮਨ (ਮਾਇਆ ਦੇ ਅਸਰ ਹੇਠ) ਡੋਲਦਾ ਹੈ।
2462	60	ਧੁਰਹੁ ਵਿਛੁੰਨੀ ਕਿਉ ਮਿਲੈ ਗਰਬਿ ਮੁਠੀ ਬਿਲਲਾਇ॥੨॥		Dhhurahu Vishhunnee Kio Milai Garab Muthee Bilalaae ||2||	Separated from the Primal Being, how can she meet with Him again? Plundered by pride, she cries out and bewails. ||2||	(ਆਪਣੇ ਕੀਤੇ ਕਰਮਾਂ ਦੇ ਕਾਰਨ) ਧੁਰੋਂ ਪ੍ਰਭੂ ਦੇ ਹੁਕਮ ਅਨੁਸਾਰ ਵਿੱਛੁੜੀ ਹੋਈ (ਪ੍ਰਭੂ-ਚਰਨਾਂ ਵਿਚ) ਜੁੜ ਨਹੀਂ ਸਕਦੀ, ਉਹ ਤਾਂ (ਤਿਆਗ ਆਦਿਕ ਦੇ) ਅਹੰਕਾਰ ਵਿਚ ਲੁੱਟੀ ਜਾ ਰਹੀ ਹੈ, ਤੇ (ਵਿਛੋੜੇ ਵਿਚ) ਕਲਪਦੀ ਹੈ ॥੨॥
2463	60	ਵਿਛੁੜਿਆ ਗੁਰੁ ਮੇਲਸੀ ਹਰਿ ਰਸਿ ਨਾਮ ਪਿਆਰਿ॥		Vishhurriaa Gur Maelasee Har Ras Naam Piaar ||	The Guru unites the separated ones with the Lord again, through the love of the Delicious Name of the Lord.	ਪ੍ਰਭੂ ਤੋਂ ਵਿੱਛੁੜਿਆਂ ਨੂੰ ਗੁਰੂ ਹਰਿ-ਨਾਮ ਦੇ ਆਨੰਦ ਵਿਚ ਜੋੜ ਕੇ, ਨਾਮ ਦੇ ਪਿਆਰ ਵਿਚ ਜੋੜ ਕੇ (ਮੁੜ ਪ੍ਰਭੂ ਨਾਲ) ਮਿਲਾਂਦਾ ਹੈ।
2464	61	ਸਾਚਿ ਸਹਜਿ ਸੋਭਾ ਘਣੀ ਹਰਿ ਗੁਣ ਨਾਮ ਅਧਾਰਿ॥		Saach Sehaj Sobhaa Ghanee Har Gun Naam Adhhaar ||	Through truth and intuitive poise, great honor is obtained, with the Support of the Naam and the Glory of the Lord.	ਹਰੀ ਦੇ ਗੁਣਾਂ ਦੀ ਬਰਕਤਿ ਨਾਲ ਹਰੀ-ਨਾਮ ਦੇ ਆਸਰੇ ਨਾਲ ਸਦਾ-ਥਿਰ ਪ੍ਰਭੂ ਵਿਚ (ਜੁੜਿਆਂ) ਅਡੋਲ ਅਵਸਥਾ ਵਿਚ (ਟਿਕਿਆਂ) ਬੜੀ ਸੋਭਾ (ਭੀ ਮਿਲਦੀ ਹੈ)।

2465	61	ਜਿਉ ਭਾਵੈ ਤਿਉ ਰਖੁ ਤੂੰ ਮੈ ਤੁਝ ਬਿਨੁ ਕਵਨੁ ਭਤਾਰੁ॥੩॥		Jio Bhaavai Thio Rakh Thoon Mai Thujh Bin Kavan Bhathaar ||3||	As it pleases You, Lord, please save and protect me. Without You, O my Husband Lord, who else is there for me? ||3||	(ਮੈਂ ਤੇਰਾ ਦਾਸ ਬੇਨਤੀ ਕਰਦਾ ਹਾਂ-ਹੇ ਪ੍ਰਭੂ!) ਜਿਵੇਂ ਤੇਰੀ ਰਜ਼ਾ ਹੋ ਸਕੇ, ਮੈਨੂੰ ਆਪਣੇ ਚਰਨਾਂ ਵਿਚ ਰੱਖ। ਤੈਥੋਂ ਬਿਨਾ ਮੇਰਾ ਖਸਮ-ਸਾਈਂ ਹੋਰ ਕੋਈ ਨਹੀਂ ॥੩॥
2466	61	ਅਖਰ ਪੜਿ ਪੜਿ ਭੁਲੀਐ ਭੇਖੀ ਬਹੁਤੁ ਅਭਿਮਾਨੁ॥	ਅੱਖਰ। ਭੁੱਲੀਐ। ਭੇਖੀਂ	Akhar Parr Parr Bhuleeai Bhaekhee Bahuth Abhimaan ||	Reading their books over and over again, people continue making mistakes; they are so proud of their religious robes.	ਵਿੱਦਿਆ ਪੜ੍ਹ ਪੜ੍ਹ ਕੇ (ਭੀ ਵਿੱਦਿਆ ਦੇ ਅਹੰਕਾਰ ਕਾਰਨ) ਕੁਰਾਹੇ ਹੀ ਪਈਦਾ ਹੈ, (ਗ੍ਰਿਹਸਤ-ਤਿਆਗੀਆਂ ਦੇ) ਭੇਖਾਂ ਨਾਲ ਭੀ (ਮਨ ਵਿਚ) ਬੜਾ ਮਾਣ ਪੈਦਾ ਹੁੰਦਾ ਹੈ।
2467	61	ਤੀਰਥ ਨਾਤਾ ਕਿਆ ਕਰੇ ਮਨ ਮਹਿ ਮੈਲੁ ਗੁਮਾਨੁ॥	ਨ੍ਹਾਤਾ	Theerathh Naathaa Kiaa Karae Man Mehi Mail Gumaan ||	But what is the use of bathing at sacred shrines of pilgrimage, when the filth of stubborn pride is within the mind?	ਤੀਰਥਾਂ ਉੱਤੇ ਇਸ਼ਨਾਨ ਕਰਨ ਨਾਲ ਭੀ ਜੀਵ ਕੁਝ ਨਹੀਂ ਸੰਵਾਰ ਸਕਦਾ, ਕਿਉਂਕਿ ਮਨ ਵਿਚ (ਇਸ) ਅਹੰਕਾਰ ਦੀ ਮੈਲ ਟਿਕੀ ਰਹਿੰਦੀ ਹੈ (ਕਿ ਮੈਂ ਤੀਰਥ ਇਸ਼ਨਾਨੀ ਹਾਂ)।
2468	61	ਗੁਰ ਬਿਨੁ ਕਿਨਿ ਸਮਝਾਈਐ ਮਨੁ ਰਾਜਾ ਸੁਲਤਾਨੁ॥੪॥		Gur Bin Kin Samajhaaeeai Man Raajaa Sulathaan ||4||	Other than the Guru, who can explain that within the mind is the Lord, the King, the Emperor? ||4||	(ਹਰੇਕ ਖੁੰਝੇ ਹੋਏ ਰਸਤੇ ਵਿਚ) ਮਨ (ਇਸ ਸਰੀਰ-ਨਗਰੀ ਦਾ) ਰਾਜਾ ਬਣਿਆ ਰਹਿੰਦਾ ਹੈ, ਸੁਲਤਾਨ ਬਣਿਆ ਰਹਿੰਦਾ ਹੈ। ਗੁਰੂ ਤੋਂ ਬਿਨਾ ਇਸ ਨੂੰ ਕਿਸੇ ਹੋਰ ਨੇ ਕਦੇ ਮਤਿ ਨਹੀਂ ਦਿੱਤੀ (ਕੋਈ ਇਸ ਨੂੰ ਸਮਝਾ ਨਹੀਂ ਸਕਿਆ) ॥੪॥

2469	61	ਪ੍ਰੇਮ ਪਦਾਰਥੁ ਪਾਈਐ ਗੁਰਮੁਖਿ ਤਤੁ ਵੀਚਾਰੁ॥		Praem Padhaarathh Paaeeai Guramukh Thath Veechaar ||	The Treasure of the Lord's Love is obtained by the Gurmukh, who contemplates the essence of reality.	(ਹੇ ਬਾਬਾ!) ਗੁਰੂ ਦੀ ਸਰਨ ਪੈ ਕੇ ਆਪਣੇ ਮੂਲ-ਪ੍ਰਭੂ (ਦੇ ਗੁਣਾਂ) ਨੂੰ ਵਿਚਾਰ। ਗੁਰੂ ਦੀ ਸਰਨ ਪਿਆਂ ਹੀ (ਪ੍ਰਭੂ-ਚਰਨਾਂ ਨਾਲ) ਪ੍ਰੇਮ ਪੈਦਾ ਕਰਨ ਵਾਲਾ ਨਾਮ-ਧਨ ਮਿਲਦਾ ਹੈ।
2470	61	ਸਾ ਧਨ ਆਪੁ ਗਵਾਇਆ ਗੁਰ ਕੈ ਸਬਦਿ ਸੀਗਾਰੁ॥		Saa Dhhan Aap Gavaaeiaa Gur Kai Sabadh Seegaar ||	The bride eradicates her selfishness, and adorns herself with the Word of the Guru's Shabad.	ਜਿਸ ਜੀਵ-ਇਸਤ੍ਰੀ ਨੇ ਆਪਾ-ਭਾਵ ਦੂਰ ਕੀਤਾ ਹੈ, ਗੁਰੂ ਦੇ ਸ਼ਬਦ ਵਿਚ (ਜੁੜ ਕੇ ਆਤਮਕ ਜੀਵਨ ਨੂੰ ਆਪਾ-ਭਾਵ ਦੂਰ ਕਰਨ ਦਾ) ਸਿੰਗਾਰ ਕੀਤਾ ਹੈ,
2471	61	ਘਰ ਹੀ ਸੋ ਪਿਰੁ ਪਾਇਆ ਗੁਰ ਕੈ ਹੇਤਿ ਅਪਾਰੁ॥੫॥		Ghar Hee So Pir Paaeiaa Gur Kai Haeth Apaar ||5||	Within her own home, she finds her Husband, through infinite love for the Guru. ||5||	ਉਸ ਨੇ ਗੁਰੂ ਦੇ ਬਖ਼ਸ਼ੇ ਪ੍ਰੇਮ ਦੀ ਰਾਹੀਂ ਆਪਣੇ ਹਿਰਦੇ ਘਰ ਵਿਚ ਉਸ ਬੇਅੰਤ ਪ੍ਰਭੂ ਪਤੀ ਨੂੰ ਲੱਭ ਲਿਆ ਹੈ ॥੫॥
2472	61	ਗੁਰ ਕੀ ਸੇਵਾ ਚਾਕਰੀ ਮਨੁ ਨਿਰਮਲੁ ਸੁਖੁ ਹੋਇ॥		Gur Kee Saevaa Chaakaree Man Niramal Sukh Hoe ||	Applying oneself to the service of the Guru, the mind is purified, and peace is obtained.	ਗੁਰੂ ਦੀ ਦੱਸੀ ਹੋਈ ਸੇਵਾ ਕੀਤਿਆਂ ਚਾਕਰੀ ਕੀਤਿਆਂ ਮਨ ਪਵਿਤ੍ਰ ਹੋ ਜਾਂਦਾ ਹੈ, ਆਤਮਕ ਆਨੰਦ ਮਿਲਦਾ ਹੈ।
2473	61	ਗੁਰ ਕਾ ਸਬਦੁ ਮਨਿ ਵਸਿਆ ਹਉਮੈ ਵਿਚਹੁ ਖੋਇ॥		Gur Kaa Sabadh Man Vasiaa Houmai Vichahu Khoe ||	The Word of the Guru's Shabad abides within the mind, and egotism is eliminated from within.	ਜਿਸ ਮਨੁੱਖ ਦੇ ਮਨ ਵਿਚ ਗੁਰੂ ਦਾ ਸ਼ਬਦ (ਉਪਦੇਸ਼) ਵੱਸ ਪੈਂਦਾ ਹੈ, ਉਹ ਆਪਣੇ ਅੰਦਰੋਂ ਹਉਮੈ ਦੂਰ ਕਰ ਲੈਂਦਾ ਹੈ।

2474	61	ਨਾਮੁ ਪਦਾਰਥੁ ਪਾਇਆ ਲਾਭੁ ਸਦਾ ਮਨਿ ਹੋਇ॥੬॥		Naam Padhaarathh Paaeiaa Laabh Sadhaa Man Hoe ||6||	The Treasure of the Naam is acquired, and the mind reaps the lasting profit. ||6||	ਜਿਸ ਮਨੁੱਖ ਨੇ (ਗੁਰੂ ਦੀ ਸਰਨ ਪੈ ਕੇ) ਨਾਮ-ਧਨ ਹਾਸਲ ਕਰ ਲਿਆ ਹੈ, ਉਸ ਦੇ ਮਨ ਵਿਚ ਸਦਾ ਲਾਭ ਹੁੰਦਾ ਹੈ (ਉਸ ਦੇ ਮਨ ਵਿਚ ਆਤਮਕ ਗੁਣਾਂ ਦਾ ਸਦਾ ਵਾਧਾ ਹੀ ਵਾਧਾ ਹੁੰਦਾ ਹੈ) ॥੬॥
2475	61	ਕਰਮਿ ਮਿਲੈ ਤਾ ਪਾਈਐ ਆਪਿ ਨ ਲਇਆ ਜਾਇ॥		Karam Milai Thaa Paaeeai Aap N Laeiaa Jaae ||	If He grants His Grace, then we obtain it. We cannot find it by our own efforts.	ਪਰਮਾਤਮਾ ਮਿਲਦਾ ਹੈ ਤਾਂ ਆਪਣੀ ਮਿਹਰ ਨਾਲ ਹੀ ਮਿਲਦਾ ਹੈ, ਮਨੁੱਖ ਦੇ ਆਪਣੇ ਉਦਮ ਨਾਲ ਨਹੀਂ ਲਿਆ ਜਾ ਸਕਦਾ।
2476	61	ਗੁਰ ਕੀ ਚਰਣੀ ਲਗਿ ਰਹੁ ਵਿਚਹੁ ਆਪੁ ਗਵਾਇ॥		Gur Kee Charanee Lag Rahu Vichahu Aap Gavaae ||	Remain attached to the Feet of the Guru, and eradicate selfishness from within.	(ਇਸ ਵਾਸਤੇ, ਹੇ ਭਾਈ!) ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਗੁਰੂ ਦੇ ਚਰਨਾਂ ਵਿਚ ਟਿਕਿਆ ਰਹੁ।
2477	61	ਸਚੇ ਸੇਤੀ ਰਤਿਆ ਸਚੋ ਪਲੈ ਪਾਇ॥੭॥		Sachae Saethee Rathiaa Sacho Palai Paae ||7||	Attuned to Truth, you shall obtain the True One. ||7||	(ਗੁਰ-ਸਰਨ ਦੀ ਬਰਕਤਿ ਨਾਲ ਜੇ) ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੇ ਰੰਗ ਵਿਚ ਰੰਗੇ ਰਹੀਏ, ਤਾਂ ਉਹ ਸਦਾ-ਥਿਰ ਪ੍ਰਭੂ ਮਿਲ ਪੈਂਦਾ ਹੈ ॥੭॥

2478	61	ਭੁਲਣ ਅੰਦਰਿ ਸਭੁ ਕੋ ਅਭੁਲੁ ਗੁਰੂ ਕਰਤਾਰੁ॥	ਭੁੱਲਣ। ਅ-ਭੁੱਲੁ	Bhulan Andhar Sabh Ko Abhul Guroo Karathaar ||	Everyone makes mistakes; only the Guru and the Creator are infallible.	(ਹੇ ਬਾਬਾ! ਮਾਇਆ ਐਸੀ ਪ੍ਰਬਲ ਹੈ ਕਿ ਇਸ ਦੇ ਢਹੇ ਚੜ੍ਹ ਕੇ) ਹਰੇਕ ਜੀਵ ਗ਼ਲਤੀ ਖਾ ਜਾਂਦਾ ਹੈ, ਸਿਰਫ਼ ਗੁਰੂ ਹੈ ਤੇ ਕਰਤਾਰ ਹੈ ਜੋ (ਨਾਹ ਮਾਇਆ ਦੇ ਅਸਰ ਹੇਠ ਆਉਂਦਾ ਹੈ, ਤੇ) ਨਾਹ ਗ਼ਲਤੀ ਖਾਂਦਾ ਹੈ।
2479	61	ਗੁਰਮਤਿ ਮਨੁ ਸਮਝਾਇਆ ਲਾਗਾ ਤਿਸੈ ਪਿਆਰੁ॥		Guramath Man Samajhaaeiaa Laagaa Thisai Piaar ||	One who instructs his mind with the Guru's Teachings comes to embrace love for the Lord.	ਜਿਸ ਮਨੁੱਖ ਨੇ ਗੁਰੂ ਦੀ ਮਤਿ ਉੱਤੇ ਤੁਰ ਕੇ ਆਪਣੇ ਮਨ ਨੂੰ ਸਮਝ ਲਿਆ ਹੈ, ਉਸਦੇ ਅੰਦਰ (ਪਰਮਾਤਮਾ ਦਾ) ਪ੍ਰੇਮ ਬਣ ਜਾਂਦਾ ਹੈ।
2480	61	ਨਾਨਕ ਸਾਚੁ ਨ ਵੀਸਰੈ ਮੇਲੇ ਸਬਦੁ ਅਪਾਰੁ॥੮॥੧੨॥		Naanak Saach N Veesarai Maelae Sabadh Apaar ||8||12||	O Nanak, do not forget the Truth; you shall receive the Infinite Word of the Shabad. ||8||12||	ਹੇ ਨਾਨਕ! ਜਿਸ ਮਨੁੱਖ ਨੂੰ ਗੁਰੂ ਦਾ ਸ਼ਬਦ ਅਪਾਰ ਪ੍ਰਭੂ ਮਿਲਾ ਦੇਂਦਾ ਹੈ ਉਸ ਨੂੰ ਉਹ ਸਦਾ-ਥਿਰ ਪ੍ਰਭੂ ਕਦੇ ਭੁੱਲਦਾ ਨਹੀਂ ॥੮॥੧੨॥{60-61}
2481	61	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
2482	61	ਤ੍ਰਿਸਨਾ ਮਾਇਆ ਮੋਹਣੀ ਸੁਤ ਬੰਧਪ ਘਰ ਨਾਰਿ॥		Thrisanaa Maaeiaa Mohanee Suth Bandhhap Ghar Naar ||	The enticing desire for Maya leads people to become emotionally attached to their children, relatives, households and spouses.	ਪੁੱਤਰ, ਰਿਸ਼ਤੇਦਾਰ, ਘਰ, ਇਸਤ੍ਰੀ (ਆਦਿਕ ਦੇ ਮੋਹ) ਦੇ ਕਾਰਨ ਮੋਹਣੀ ਮਾਇਆ ਦੀ ਤ੍ਰਿਸ਼ਨਾ ਜੀਵਾਂ ਨੂੰ ਵਿਆਪ ਰਹੀ ਹੈ।

2483	61	ਧਨਿ ਜੋਬਨਿ ਜਗੁ ਠਗਿਆ ਲਬਿ ਲੋਭਿ ਅਹੰਕਾਰਿ॥	ਠੱਗਿਆ। ਲੱਬਿ। ਅਹੰ-ਕਾਰਿ	Dhhan Joban Jag Thagiaa Lab Lobh Ahankaar ||	The world is deceived and plundered by riches, youth, greed and egotism.	ਧਨ ਨੇ, ਜੁਆਨੀ ਨੇ, ਲੋਭ ਨੇ, ਅਹੰਕਾਰ ਨੇ, (ਸਾਰੇ) ਜਗਤ ਨੂੰ ਲੁੱਟ ਲਿਆ ਹੈ।
2484	61	ਮੋਹ ਠਗਉਲੀ ਹਉ ਮੁਈ ਸਾ ਵਰਤੈ ਸੰਸਾਰਿ॥੧॥	(ਸਾ) ਉਹ ਮੋਹ ਰੂਪੀ ਠੱਗ ਬੂਟੀ, ਸੰਸਾਰ ਚ ਵਰਤ ਰਹੀ ਹੈ। ਠ-ਗਉਲੀ	Moh Thagoulee Ho Muee Saa Varathai Sansaar ||1||	The drug of emotional attachment has destroyed me, as it has destroyed the whole world. ||1||	ਮੋਹ ਦੀ ਠੱਗਬੂਟੀ ਨੇ ਮੈਨੂੰ (ਭੀ) ਠੱਗ ਲਿਆ ਹੈ, ਇਹ ਮੋਹ-ਠੱਗਬੂਟੀ ਸਾਰੇ ਸੰਸਾਰ ਵਿਚ ਆਪਣਾ ਜ਼ੋਰ ਪਾ ਰਹੀ ਹੈ ॥੧॥
2485	61	ਮੇਰੇ ਪ੍ਰੀਤਮਾ ਮੈ ਤੁਝ ਬਿਨੁ ਅਵਰੁ ਨ ਕੋਇ॥		Maerae Preethamaa Mai Thujh Bin Avar N Koe ||	O my Beloved, I have no one except You.	ਹੇ ਮੇਰੇ ਪ੍ਰੀਤਮ-ਪ੍ਰਭੂ! (ਇਸ ਠੱਗ-ਬੂਟੀ ਤੋਂ ਬਚਾਣ ਲਈ) ਮੈਨੂੰ ਤੈਥੋਂ ਬਿਨਾ ਹੋਰ ਕੋਈ (ਸਮਰੱਥ) ਨਹੀਂ (ਦਿੱਸਦਾ)।
2486	61	ਮੈ ਤੁਝ ਬਿਨੁ ਅਵਰੁ ਨ ਭਾਵਈ ਤੂੰ ਭਾਵਹਿ ਸੁਖੁ ਹੋਇ॥੧॥ਰਹਾਉ॥		Mai Thujh Bin Avar N Bhaavee Thoon Bhaavehi Sukh Hoe ||1|| Rehaao ||	Without You, nothing else pleases me. Loving You, I am at peace. ||1||Pause||	ਮੈਨੂੰ ਤੈਥੋਂ ਬਿਨਾ ਹੋਰ ਕੋਈ ਪਿਆਰਾ ਨਹੀਂ ਲੱਗਦਾ। ਜਦੋਂ ਤੂੰ ਮੈਨੂੰ ਪਿਆਰਾ ਲੱਗਦਾ ਹੈਂ, ਤਦੋਂ ਮੈਨੂੰ ਆਤਮਕ ਸੁਖ ਮਿਲਦਾ ਹੈ ॥੧॥ ਰਹਾਉ ॥
2487	61	ਨਾਮੁ ਸਾਲਾਹੀ ਰੰਗ ਸਿਉ ਗੁਰ ਕੈ ਸਬਦਿ ਸੰਤੋਖੁ॥		Naam Saalaahee Rang Sio Gur Kai Sabadh Santhokh ||	I sing the Praises of the Naam, the Name of the Lord, with love; I am content with the Word of the Guru's Shabad.	(ਹੇ ਮਨ!) ਗੁਰੂ ਦੇ ਸ਼ਬਦ ਦੀ ਰਾਹੀਂ ਸੰਤੋਖ ਧਾਰ ਕੇ (ਤ੍ਰਿਸ਼ਨਾ ਦੇ ਪੰਜੇ ਵਿਚੋਂ ਨਿਕਲ ਕੇ) ਪ੍ਰੇਮ ਨਾਲ (ਪਰਮਾਤਮਾ ਦੇ) (ਨਾਮ ਦੀ) ਸਿਫ਼ਤ-ਸਾਲਾਹ ਕਰ।

2488	61	ਜੋ ਦੀਸੈ ਸੋ ਚਲਸੀ ਕੂੜਾ ਮੋਹੁ ਨ ਵੇਖੁ॥	ਚੱਲਸੀ	Jo Dheesai So Chalasee Koorraa Mohu N Vaekh ||	Whatever is seen shall pass away. So do not be attached to this false show.	ਇਸ ਨਾਸਵੰਤ ਮੋਹ ਨੂੰ ਨਾਹ ਵੇਖ, ਇਹ ਤਾਂ ਜੋ ਕੁੱਝ ਦਿੱਸ ਰਿਹਾ ਹੈ ਸਭ ਨਾਸ ਹੋ ਜਾਏਗਾ।
2489	61	ਵਾਟ ਵਟਾਊ ਆਇਆ ਨਿਤ ਚਲਦਾ ਸਾਥੁ ਦੇਖੁ॥੨॥	(ਵਾਟ) ਰਸਤੇ ਦਾ। (ਵਟਾਊ) ਰਾਹੀ। ਚੱਲਦਾ	Vaatt Vattaaoo Aaeiaa Nith Chaladhaa Saathh Dhaekh ||2||	Like a traveller in his travels, you have come. Behold the caravan leaving each day. ||2||	(ਜੀਵ ਇਥੇ) ਰਸਤੇ ਦਾ ਮੁਸਾਫ਼ਿਰ (ਬਣ ਕੇ) ਆਇਆ ਹੈ, ਇਹ ਸਾਰਾ ਸਾਥ ਨਿੱਤ ਚਲਣ ਵਾਲਾ ਸਮਝ ॥੨॥
2490	61	ਆਖਣਿ ਆਖਹਿ ਕੇਤੜੇ ਗੁਰ ਬਿਨੁ ਬੂਝ ਨ ਹੋਇ॥		Aakhan Aakhehi Kaetharrae Gur Bin Boojh N Hoe ||	Many preach sermons, but without the Guru, understanding is not obtained.	ਦੱਸਣ ਨੂੰ ਤਾਂ ਬੇਅੰਤ ਜੀਵ ਦੱਸ ਦੇਂਦੇ ਹਨ (ਕਿ ਮਾਇਆ ਦੀ ਤ੍ਰਿਸ਼ਨਾ ਤੋਂ ਇਉਂ ਬਚ ਸਕੀਦਾ ਹੈ, ਪਰ) ਗੁਰੂ ਤੋਂ ਬਿਨਾ ਸਹੀ ਸਮਝ ਨਹੀ ਪੈਂਦੀ।
2491	61	ਨਾਮੁ ਵਡਾਈ ਜੇ ਮਿਲੈ ਸਚਿ ਰਪੈ ਪਤਿ ਹੋਇ॥		Naam Vaddaaee Jae Milai Sach Rapai Path Hoe ||	If someone receives the Glory of the Naam, he is attuned to truth and blessed with honor.	(ਗੁਰੂ ਦੀ ਸਰਨ ਪੈ ਕੇ) ਜੇ ਪਰਮਾਤਮਾ ਦਾ ਨਾਮ ਮਿਲ ਜਾਏ, ਪਰਮਾਤਮਾ ਦੀ ਸਿਫ਼ਤ-ਸਾਲਾਹ ਮਿਲ ਜਾਏ ਜੇ (ਮਨੁੱਖ ਦਾ ਮਨ) ਸਦਾ-ਥਿਰ ਪ੍ਰਭੂ (ਦੇ ਪਿਆਰ) ਵਿਚ ਰੰਗਿਆ ਜਾਏ, ਤਾਂ ਉਸ ਨੂੰ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ।

2492	61	ਜੋ ਤੁਧੁ ਭਾਵਹਿ ਸੇ ਭਲੇ ਖੋਟਾ ਖਰਾ ਨ ਕੋਇ॥੩॥		Jo Thudhh Bhaavehi Sae Bhalae Khottaa Kharaa N Koe ||3||	Those who are pleasing to You are good; no one is counterfeit or genuine. ||3||	(ਪਰ, ਹੇ ਪ੍ਰਭੂ! ਆਪਣੇ ਉੱਦਮ ਨਾਲ ਕੋਈ ਜੀਵ) ਨਾਹ ਖਰਾ ਬਣ ਸਕਦਾ ਹੈ, ਨਾਹ ਖੋਟਾ ਰਹਿ ਜਾਂਦਾ ਹੈ, ਜੇਹੜੇ ਤੈਨੂੰ ਪਿਆਰੇ ਲੱਗਦੇ ਹਨ ਉਹੀ ਭਲੇ ਹਨ ॥੩॥
2493	61	ਗੁਰ ਸਰਣਾਈ ਛੁਟੀਐ ਮਨਮੁਖ ਖੋਟੀ ਰਾਸਿ॥		Gur Saranaaee Shhutteeai Manamukh Khottee Raas ||	In the Guru's Sanctuary we are saved. The assets of the self-willed manmukhs are false.	ਗੁਰੂ ਦੀ ਸਰਨ ਪੈ ਕੇ ਹੀ (ਤ੍ਰਿਸ਼ਨਾ ਦੇ ਪੰਜੇ ਵਿਚੋਂ) ਖ਼ਲਾਸੀ ਹਾਸਲ ਕਰੀਦੀ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਖੋਟੀ ਪੂੰਜੀ ਹੀ ਜੋੜਦਾ ਹੈ।
2494	61	ਅਸਟ ਧਾਤੁ ਪਾਤਿਸਾਹ ਕੀ ਘੜੀਐ ਸਬਦਿ ਵਿਗਾਸਿ॥		Asatt Dhhaath Paathisaah Kee Gharreeai Sabadh Vigaas ||	The eight metals of the King are made into coins by the Word of His Shabad.	ਪਰਮਾਤਮਾ ਦੀ ਰਚੀ ਹੋਈ ਇਹ ਅੱਠ ਧਾਤਾਂ ਵਾਲੀ ਮਨੁੱਖੀ ਕਾਂਇਆਂ ਜੇ ਗੁਰੂ ਦੇ ਸ਼ਬਦ (ਦੀ ਟਕਸਾਲ) ਵਿਚ ਘੜੀ ਜਾਏ (ਸੁਚੱਜੀ ਬਣਾਈ ਜਾਏ, ਤਾਂ ਹੀ ਇਹ) ਖਿੜਦੀ ਹੈ (ਆਤਮਕ ਹੁਲਾਰੇ ਵਿਚ ਆਉਂਦੀ ਹੈ)।
2495	61	ਆਪੇ ਪਰਖੇ ਪਾਰਖੂ ਪਵੈ ਖਜਾਨੈ ਰਾਸਿ॥੪॥		Aapae Parakhae Paarakhoo Pavai Khajaanai Raas ||4||	The Assayer Himself assays them, and He places the genuine ones in His Treasury. ||4||	ਪਰਖਣ ਵਾਲਾ ਪ੍ਰਭੂ ਆਪ ਹੀ (ਇਸ ਦੀ ਘਾਲ ਕਮਾਈ ਨੂੰ) ਪਰਖ ਲੈਂਦਾ ਹੈ ਤੇ (ਇਸ ਦਾ ਆਤਮਕ ਗੁਣਾਂ ਦਾ) ਸਰਮਾਇਆ (ਉਸ ਦੇ) ਖ਼ਜ਼ਾਨੇ ਵਿਚ (ਕਬੂਲ) ਪੈਂਦਾ ਹੈ ॥੪॥

2496	61	ਤੇਰੀ ਕੀਮਤਿ ਨਾ ਪਵੈ ਸਭ ਡਿਠੀ ਠੋਕਿ ਵਜਾਇ॥	ਡਿੱਠੀ	Thaeree Keemath Naa Pavai Sabh Ddithee Thok Vajaae ||	Your Value cannot be appraised; I have seen and tested everything.	(ਹੇ ਪ੍ਰਭੂ!) ਮੈਂ ਸਾਰੀ ਸ੍ਰਿਸ਼ਟੀ ਚੰਗੀ ਤਰ੍ਹਾਂ ਪਰਖ ਕੇ ਵੇਖ ਲਈ ਹੈ, ਮੈਨੂੰ ਤੇਰੇ ਬਰਾਬਰ ਦਾ ਕੋਈ ਨਹੀਂ ਦਿੱਸਿਆ (ਜੇਹੜਾ ਮੈਨੂੰ ਮਾਇਆ ਦੇ ਪੰਜੇ ਤੋਂ ਬਚਾ ਸਕੇ।
2497	61	ਕਹਣੈ ਹਾਥ ਨ ਲਭਈ ਸਚਿ ਟਿਕੈ ਪਤਿ ਪਾਇ॥	ਲੱ-ਭਈ। ਟਿਕੈ:ਪੋਲਾ ਬੋਲੋ	Kehanai Haathh N Labhee Sach Ttikai Path Paae ||	By speaking, His Depth cannot be found. Abiding in truth, honor is obtained.	ਤੂੰ ਬੇਅੰਤ ਗੁਣਾਂ ਦਾ ਮਾਲਕ ਹੈਂ) ਬਿਆਨ ਕਰਨ ਨਾਲ ਤੇਰੇ ਗੁਣਾਂ ਦੀ ਥਾਹ ਨਹੀਂ ਪਾਈ ਜਾ ਸਕਦੀ। ਜੇਹੜਾ ਜੀਵ ਸਦਾ-ਥਿਰ ਸਰੂਪ ਵਿਚ ਟਿਕਦਾ ਹੈ, ਉਸ ਨੂੰ ਇੱਜ਼ਤ ਮਿਲਦੀ ਹੈ।
2498	61	ਗੁਰਮਤਿ ਤੂੰ ਸਾਲਾਹਣਾ ਹੋਰੁ ਕੀਮਤਿ ਕਹਣੁ ਨ ਜਾਇ॥੫॥		Guramath Thoon Saalaahanaa Hor Keemath Kehan N Jaae ||5||	Through the Guru's Teachings, I praise You; otherwise, I cannot describe Your Value. ||5||	ਗੁਰੂ ਦੀ ਮਤਿ ਲੈ ਕੇ ਹੀ ਤੇਰੀ ਸਿਫ਼ਤ-ਸਾਲਾਹ ਕੀਤੀ ਜਾ ਸਕਦੀ ਹੈ, ਪਰ ਤੇਰੇ ਬਰਾਬਰ ਦਾ ਲੱਭਣ ਵਾਸਤੇ ਕੋਈ ਬੋਲ ਨਹੀਂ ਬੋਲਿਆ ਜਾ ਸਕਦਾ ॥੫॥
2499	61	ਜਿਤੁ ਤਨਿ ਨਾਮੁ ਨ ਭਾਵਈ ਤਿਤੁ ਤਨਿ ਹਉਮੈ ਵਾਦੁ॥		Jith Than Naam N Bhaavee Thith Than Houmai Vaadh ||	That body which does not appreciate the Naam-that body is infested with egotism and conflict.	ਜਿਸ ਸਰੀਰ ਵਿਚ ਪਰਮਾਤਮਾ ਦਾ ਨਾਮ ਪਿਆਰਾ ਨਹੀਂ ਲੱਗਦਾ, ਉਸ ਸਰੀਰ ਵਿਚ ਹਉਮੈ ਵਧਦੀ ਹੈ, ਉਸ ਸਰੀਰ ਵਿਚ ਤ੍ਰਿਸ਼ਨਾ ਦਾ ਬਖੇੜਾ ਵਧਦਾ ਹੈ।

2500	61	ਗੁਰ ਬਿਨੁ ਗਿਆਨੁ ਨ ਪਾਈਐ ਬਿਖਿਆ ਦੂਜਾ ਸਾਦੁ॥		Gur Bin Giaan N Paaeeai Bikhiaa Dhoojaa Saadh ||	Without the Guru, spiritual wisdom is not obtained; other tastes are poison.	ਗੁਰੂ ਤੋਂ ਬਿਨਾ ਪਰਮਾਤਮਾ ਨਾਲ ਜਾਣ-ਪਛਾਣ ਨਹੀਂ ਬਣ ਸਕਦੀ, ਮਾਇਆ ਦਾ ਪ੍ਰਭਾਵ ਪੈ ਕੇ ਪਰਮਾਤਮਾ ਤੋਂ ਬਿਨਾ ਹੋਰ ਪਾਸੇ ਦਾ ਸੁਆਦ ਮਨ ਵਿਚ ਉਪਜਦਾ ਹੈ।
2501	61	ਬਿਨੁ ਗੁਣ ਕਾਮਿ ਨ ਆਵਈ ਮਾਇਆ ਫੀਕਾ ਸਾਦੁ॥੬॥		Bin Gun Kaam N Aavee Maaeiaa Feekaa Saadh ||6||	Without virtue, nothing is of any use. The taste of Maya is bland and insipid. ||6||	ਆਤਮਕ ਗੁਣਾਂ ਤੋਂ ਵਾਂਜੇ ਰਹਿ ਕੇ ਇਹ ਮਨੁੱਖਾ ਸਰੀਰ ਵਿਅਰਥ ਜਾਂਦਾ ਹੈ, ਅੰਤ ਨੂੰ ਮਾਇਆ ਵਾਲਾ ਸੁਆਦ ਭੀ ਬੇ-ਰਸਾ ਹੋ ਜਾਂਦਾ ਹੈ ॥੬॥
2502	61	ਆਸਾ ਅੰਦਰਿ ਜੰਮਿਆ ਆਸਾ ਰਸ ਕਸ ਖਾਇ॥	ਰਸ, ਕਸ: ਗੁਰਬਾਣੀ ਜੀ ਚ ਇਹ ਸਬਦ ਜਿੱਥ ਵੀ ਆਉਣ ਪੋਲੇ ਬੋਲੋ ਜੀ	Aasaa Andhar Janmiaa Aasaa Ras Kas Khaae ||	Through desire, people are cast into the womb and reborn. Through desire, they taste the sweet and sour flavors.	ਜੀਵ ਆਸਾ (ਤ੍ਰਿਸ਼ਨਾ) ਦਾ ਬੱਧਾ ਹੋਇਆ ਜਨਮ ਲੈਂਦਾ ਹੈ, (ਜਦ ਤਕ ਜਗਤ ਵਿਚ ਜਿਊਂਦਾ ਹੈ) ਆਸਾ ਦੇ ਪ੍ਰਭਾਵ ਹੇਠ ਹੀ (ਮਿੱਠੇ) ਕਸੈਲੇ (ਆਦਿਕ) ਰਸਾਂ (ਵਾਲੇ ਪਦਾਰਥ) ਖਾਂਦਾ ਰਹਿੰਦਾ ਹੈ।
2503	61	ਆਸਾ ਬੰਧਿ ਚਲਾਈਐ ਮੁਹੇ ਮੁਹਿ ਚੋਟਾ ਖਾਇ॥		Aasaa Bandhh Chalaaeeai Muhae Muhi Chottaa Khaae ||	Bound by desire, they are led on, beaten and struck on their faces and mouths.	(ਉਮਰ ਪੁੱਗ ਜਾਣ ਤੇ) ਆਸਾ (ਤ੍ਰਿਸ਼ਨਾ) ਦੇ (ਬੰਧਨ ਵਿਚ) ਬੱਧਾ ਹੋਇਆ ਇਥੋਂ ਤੋਰਿਆ ਜਾਂਦਾ ਹੈ (ਸਾਰੀ ਉਮਰ ਆਸਾ ਤ੍ਰਿਸ਼ਨਾ ਵਿਚ ਹੀ ਫਸਿਆ ਰਹਿਣ ਕਰਕੇ) ਮੁੜ ਮੁੜ ਮੂੰਹ ਉੱਤੇ ਚੋਟਾਂ ਖਾਂਦਾ ਹੈ।

2504	61	ਅਵਗਣਿ ਬਧਾ ਮਾਰੀਐ ਛੂਟੈ ਗੁਰਮਤਿ ਨਾਇ॥੭॥	ਬੱਧਾ	Avagan Badhhaa Maareeai Shhoottai Guramath Naae ||7||	Bound and gagged and assaulted by evil, they are released only through the Name, through the Guru's Teachings. ||7||	ਵਿਕਾਰੀ ਜੀਵਨ ਦੇ ਕਾਰਨ (ਆਸਾ ਤ੍ਰਿਸ਼ਨਾ ਦਾ) ਬੱਧਾ ਮਾਰ ਖਾਂਦਾ ਹੈ। ਜੇ ਗੁਰੂ ਦੀ ਸਿੱਖਿਆ ਲੈ ਕੇ ਪ੍ਰਭੂ ਦੇ ਨਾਮ ਵਿਚ ਜੁੜੇ, ਤਾਂ ਹੀ (ਆਸਾ ਤ੍ਰਿਸ਼ਨਾ ਦੇ ਜਾਲ ਵਿਚੋਂ) ਖ਼ਲਾਸੀ ਪਾ ਸਕਦਾ ਹੈ ॥੭॥
2505	62	ਸਰਬੇ ਥਾਈ ਏਕੁ ਤੂੰ ਜਿਉ ਭਾਵੈ ਤਿਉ ਰਾਖੁ॥	ਥਾਂਈਂ	Sarabae Thhaaee Eaek Thoon Jio Bhaavai Thio Raakh ||	In all places, You are the One and Only. As it pleases You, Lord, please save and protect me!	(ਜੀਵਾਂ ਦੇ ਕੀਹ ਵੱਸ? ਹੇ ਪ੍ਰਭੂ!) ਸਭ ਜੀਵਾਂ ਵਿਚ ਤੂੰ ਆਪ ਹੀ ਵੱਸਦਾ ਹੈਂ। ਜਿਵੇਂ ਤੇਰੀ ਰਜ਼ਾ ਹੋਵੇ, ਤਿਵੇਂ, ਹੇ ਪ੍ਰਭੂ! ਤੂੰ ਆਪ ਹੀ (ਜੀਵਾਂ ਨੂੰ ਆਸਾ ਤ੍ਰਿਸ਼ਨਾ ਦੇ ਜਾਲ ਤੋਂ) ਬਚਾ।
2506	62	ਗੁਰਮਤਿ ਸਾਚਾ ਮਨਿ ਵਸੈ ਨਾਮੁ ਭਲੋ ਪਤਿ ਸਾਖੁ॥	(ਦੂਜਾ ਪਾਠ: ਸਾਖ)	Guramath Saachaa Man Vasai Naam Bhalo Path Saakh ||	Through the Guru's Teachings, the True One abides within the mind. The Companionship of the Naam brings the most excellent honor.	ਹੇ ਪ੍ਰਭੂ! ਤੇਰਾ ਸਦਾ-ਥਿਰ ਨਾਮ ਹੀ (ਜੀਵ ਦਾ) ਭਲਾ ਸਾਥੀ ਹੈ, ਤੇਰਾ ਨਾਮ ਹੀ ਜੀਵ ਦੀ ਇੱਜ਼ਤ ਹੈ, ਤੇਰਾ ਨਾਮ, ਗੁਰੂ ਦੀ ਮਤਿ ਲਿਆਂ ਹੀ, ਜੀਵ ਦੇ ਮਨ ਵਿਚ ਵੱਸ ਸਕਦਾ ਹੈ।
2507	62	ਹਉਮੈ ਰੋਗੁ ਗਵਾਈਐ ਸਬਦਿ ਸਚੈ ਸਚੁ ਭਾਖੁ॥੮॥		Houmai Rog Gavaaeeai Sabadh Sachai Sach Bhaakh ||8||	Eradicate the disease of egotism, and chant the True Shabad, the Word of the True Lord. ||8||	(ਹੇ ਭਾਈ!) ਗੁਰੂ ਦੇ ਸੱਚੇ ਸ਼ਬਦ ਦੀ ਰਾਹੀਂ ਸਦਾ-ਥਿਰ ਨਾਮ ਸਿਮਰ, ਨਾਮ ਸਿਮਰਿਆਂ ਹੀ ਹਉਮੈ ਦਾ ਰੋਗ ਦੂਰ ਹੁੰਦਾ ਹੈ ॥੮॥

2508	62	ਆਕਾਸੀ ਪਾਤਾਲਿ ਤੂੰ ਤ੍ਰਿਭਵਣਿ ਰਹਿਆ ਸਮਾਇ॥		Aakaasee Paathaal Thoon Thribhavan Rehiaa Samaae ||	You are pervading throughout the Akaashic Ethers, the nether regions and the three worlds.	ਹੇ ਪ੍ਰਭੂ! ਆਕਾਸਾਂ ਵਿਚ ਪਾਤਾਲ ਵਿਚ ਤਿੰਨਾਂ ਹੀ ਭਵਨਾਂ ਵਿਚ ਤੂੰ ਆਪ ਹਰ ਥਾਂ ਵਿਆਪਕ ਹੈਂ।
2509	62	ਆਪੇ ਭਗਤੀ ਭਾਉ ਤੂੰ ਆਪੇ ਮਿਲਹਿ ਮਿਲਾਇ॥		Aapae Bhagathee Bhaao Thoon Aapae Milehi Milaae ||	You Yourself are bhakti, loving devotional worship. You Yourself unite us in Union with Yourself.	ਤੂੰ ਆਪ ਹੀ (ਜੀਵਾਂ ਨੂੰ ਆਪਣੀ) ਭਗਤੀ ਬਖ਼ਸ਼ਦਾ ਹੈਂ, ਆਪਣਾ ਪ੍ਰੇਮ ਬਖ਼ਸ਼ਦਾ ਹੈਂ। ਤੂੰ ਆਪ ਹੀ ਜੀਵਾਂ ਨੂੰ ਆਪਣੇ ਨਾਲ ਮਿਲਾ ਕੇ ਮਿਲਦਾ ਹੈਂ।
2510	62	ਨਾਨਕ ਨਾਮੁ ਨ ਵੀਸਰੈ ਜਿਉ ਭਾਵੈ ਤਿਵੈ ਰਜਾਇ॥੯॥੧੩॥		Naanak Naam N Veesarai Jio Bhaavai Thivai Rajaae ||9||13||	O Nanak, may I never forget the Naam! As is Your Pleasure, so is Your Will. ||9||13||	ਹੇ ਨਾਨਕ! (ਪ੍ਰਭੂ ਦਰ ਤੇ ਅਰਦਾਸ ਕਰ) ਤੇ ਆਖ-(ਹੇ ਪ੍ਰਭੂ!) ਜਿਵੇਂ ਤੈਨੂੰ ਚੰਗਾ ਲੱਗੇ, ਤਿਵੇਂ ਤੇਰੀ ਰਜ਼ਾ ਵਰਤਦੀ ਹੈ (ਪਰ ਮਿਹਰ ਕਰ) ਮੈਨੂੰ ਤੇਰਾ ਨਾਮ ਕਦੇ ਨਾ ਭੁੱਲੇ ॥੯॥੧੩॥{61-62}
2511	62	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
2512	62	ਰਾਮ ਨਾਮਿ ਮਨੁ ਬੇਧਿਆ ਅਵਰੁ ਕਿ ਕਰੀ ਵੀਚਾਰੁ॥		Raam Naam Man Baedhhiaa Avar K Karee Veechaar ||	My mind is pierced through by the Name of the Lord. What else should I contemplate?	ਜਿਸ ਮਨੁੱਖ ਦਾ ਮਨ ਪਰਮਾਤਮਾ ਦੇ ਨਾਮ ਵਿਚ ਪਰੋਤਾ ਜਾਏ, (ਉਸ ਦੇ ਸੰਬੰਧ ਵਿਚ) ਮੈਂ ਹੋਰ ਕੀਹ ਵਿਚਾਰ ਕਰਾਂ (ਮੈਂ ਹੋਰ ਕੀਹ ਦੱਸਾਂ?

2513	62	ਸਬਦ ਸੁਰਤਿ ਸੁਖੁ ਊਪਜੈ ਪ੍ਰਭ ਰਾਤਉ ਸੁਖ ਸਾਰੁ॥		Sabadh Surath Sukh Oopajai Prabh Raatho Sukh Saar ||	Focusing your awareness on the Shabad, happiness wells up. Attuned to God, the most excellent peace is found.	ਇਸ ਵਿਚ ਕੋਈ ਸ਼ੱਕ ਨਹੀਂ ਕਿ) ਜੇਹੜਾ ਮਨੁੱਖ ਪ੍ਰਭੂ ਦੇ (ਨਾਮ ਵਿਚ) ਰੰਗਿਆ ਜਾਂਦਾ ਹੈ, ਉਸ ਨੂੰ ਸ੍ਰੇਸ਼ਟ (ਆਤਮਕ) ਸੁਖ ਮਿਲਦਾ ਹੈ। ਜਿਸ ਦੀ ਸੁਰਤ ਸ਼ਬਦ ਦੇ (ਵਿਚਾਰ ਵਿਚ) ਜੁੜੀ ਹੋਈ ਹੈ, ਉਸ ਦੇ ਅੰਦਰ ਅਨੰਦ ਪੈਦਾ ਹੁੰਦਾ ਹੈ।
2514	62	ਜਿਉ ਭਾਵੈ ਤਿਉ ਰਾਖੁ ਤੂੰ ਮੈ ਹਰਿ ਨਾਮੁ ਅਧਾਰੁ॥੧॥		Jio Bhaavai Thio Raakh Thoon Mai Har Naam Adhhaar ||1||	As it pleases You, please save me, Lord. The Name of the Lord is my Support. ||1||	(ਹੇ ਪ੍ਰਭੂ!) ਜਿਵੇਂ ਭੀ ਤੇਰੀ ਰਜ਼ਾ ਹੋਵੇ, ਮੈਨੂੰ ਭੀ ਤੂੰ (ਆਪਣੇ ਚਰਨਾਂ ਵਿਚ) ਰੱਖ, ਤੇਰਾ ਨਾਮ (ਮੇਰੇ ਜੀਵਨ ਦਾ) ਆਸਰਾ ਬਣ ਜਾਏ ॥੧॥
2515	62	ਮਨ ਰੇ ਸਾਚੀ ਖਸਮ ਰਜਾਇ॥		Man Rae Saachee Khasam Rajaae ||	O mind, the Will of our Lord and Master is true.	ਹੇ ਮੇਰੇ ਮਨ! ਖਸਮ-ਪ੍ਰਭੂ ਦੀ ਰਜ਼ਾ ਵਿਚ ਤੁਰਨਾ ਸਹੀ ਕਾਰ ਹੈ।
2516	62	ਜਿਨਿ ਤਨੁ ਮਨੁ ਸਾਜਿ ਸੀਗਾਰਿਆ ਤਿਸੁ ਸੇਤੀ ਲਿਵ ਲਾਇ॥੧॥ਰਹਾਉ॥		Jin Than Man Saaj Seegaariaa This Saethee Liv Laae ||1|| Rehaao ||	Focus your love upon the One who created and adorned your body and mind. ||1||Pause||	(ਹੇ ਮਨ!) ਤੂੰ ਉਸ ਪ੍ਰਭੂ (ਦੇ ਚਰਨਾਂ) ਨਾਲ ਲਿਵ ਜੋੜ, ਜਿਸ ਨੇ ਇਹ ਸਰੀਰ ਤੇ ਮਨ ਪੈਦਾ ਕਰ ਕੇ ਇਹਨਾਂ ਨੂੰ ਸੋਹਣਾ ਬਣਾਇਆ ਹੈ ॥੧॥ ਰਹਾਉ ॥

2517	62	ਤਨੁ ਬੈਸੰਤਰਿ ਹੋਮੀਐ ਇਕ ਰਤੀ ਤੋਲਿ ਕਟਾਇ॥	ਅੱਠ ਰੱਤੀ ਦਾ ਇੱਕ ਮਾਸਾ। ਰੱਤੀ	Than Baisanthar Homeeai Eik Rathee Thol Kattaae ||	If I cut my body into pieces, and burn them in the fire,	ਜੇ ਆਪਣੇ ਸਰੀਰ ਨੂੰ ਕੱਟ ਕੱਟ ਕੇ ਇਕ ਇਕ ਰੱਤੀ ਭਰ ਤੋਲ ਤੋਲ ਕੇ ਅੱਗ ਵਿਚ ਹਵਨ ਕਰ ਦਿੱਤਾ ਜਾਏ,
2518	62	ਤਨੁ ਮਨੁ ਸਮਧਾ ਜੇ ਕਰੀ ਅਨ ਦਿਨੁ ਅਗਨਿ ਜਲਾਇ॥	ਸਮਧਾ:ਪੋਲਾ ਬੋਲੋ। (ਸਮਧਾ) ਲੱਕੜਾਂ	Than Man Samadhhaa Jae Karee Anadhin Agan Jalaae ||	And if I make my body and mind into firewood, and night and day burn them in the fire,	ਜੇ ਮੈਂ ਆਪਣੇ ਸਰੀਰ ਤੇ ਮਨ ਨੂੰ ਹਵਨ ਦੀ ਸਾਮਗ੍ਰੀ ਬਣਾ ਦਿਆਂ ਤੇ ਹਰ ਰੋਜ਼ ਇਹਨਾਂ ਨੂੰ ਅੱਗ ਵਿਚ ਸਾੜਾਂ,
2519	62	ਹਰਿ ਨਾਮੈ ਤੁਲਿ ਨ ਪੁਜਈ ਜੇ ਲਖ ਕੋਟੀ ਕਰਮ ਕਮਾਇ॥੨॥	ਪੁੱਜਈ। ਲੱਖ	Har Naamai Thul N Pujee Jae Lakh Kottee Karam Kamaae ||2||	And if I perform hundreds of thousands and millions of religious rituals-still, all these are not equal to the Name of the Lord. ||2||	ਜੇ ਇਹੋ ਜਿਹੇ ਹੋਰ ਲੱਖਾਂ ਕ੍ਰੋੜਾਂ ਕਰਮ ਕੀਤੇ ਜਾਣ, ਤਾਂ ਭੀ ਕੋਈ ਕਰਮ ਪਰਮਾਤਮਾ ਦੇ ਨਾਮ ਦੀ ਬਰਾਬਰੀ ਤਕ ਨਹੀਂ ਪਹੁੰਚ ਸਕਦਾ ॥੨॥
2520	62	ਅਰਧ ਸਰੀਰੁ ਕਟਾਈਐ ਸਿਰਿ ਕਰਵਤੁ ਧਰਾਇ॥	ਕਰਵੱਤੁ। ਆਰਾ	Aradhh Sareer Kattaaeeai Sir Karavath Dhharaae ||	If my body were cut in half, if a saw was put to my head,	ਜੇ ਸਿਰ ਉੱਤੇ ਆਰਾ ਰਖਾ ਕੇ ਸਰੀਰ ਨੂੰ ਦੁ-ਫਾੜ ਚਿਰਾ ਦਿੱਤਾ ਜਾਏ,
2521	62	ਤਨੁ ਹੈਮੰਚਲਿ ਗਾਲੀਐ ਭੀ ਮਨ ਤੇ ਰੋਗੁ ਨ ਜਾਇ॥	(ਹੈਮੰਚਲਿ) ਹਿਮਾਲਯ ਪਹਾੜ। ਗੱਲੀਐ	Than Haimanchal Gaaleeai Bhee Man Thae Rog N Jaae ||	And if my body were frozen in the Himalayas-even then, my mind would not be free of disease.	ਜੇ ਸਰੀਰ ਨੂੰ ਹਿਮਾਲਾ ਪਰਬਤ (ਦੀ ਬਰਫ਼) ਵਿਚ ਗਾਲ ਦਿੱਤਾ ਜਾਏ, ਤਾਂ ਭੀ ਮਨ ਵਿਚੋਂ ਹਉਮੈ ਆਦਿਕ) ਰੋਗ ਦੂਰ ਨਹੀਂ ਹੁੰਦਾ।

2522	62	ਹਰਿ ਨਾਮੈ ਤੁਲਿ ਨ ਪੁਜਈ ਸਭ ਡਿਠੀ ਠੋਕਿ ਵਜਾਇ॥੩॥		Har Naamai Thul N Pujee Sabh Ddithee Thok Vajaae ||3||	None of these are equal to the Name of the Lord. I have seen and tried and tested them all. ||3||	(ਕਰਮ-ਕਾਂਡ ਦੀ) ਸਾਰੀ (ਹੀ ਮਰਯਾਦਾ) ਮੈਂ ਚੰਗੀ ਤਰ੍ਹਾਂ ਪਰਖ ਕੇ ਵੇਖ ਲਈ ਹੈ, ਕੋਈ ਕਰਮ ਪ੍ਰਭੂ ਦਾ ਨਾਮ ਸਿਮਰਨ ਦੀ ਬਰਾਬਰੀ ਤਕ ਨਹੀਂ ਅੱਪੜਦਾ ॥੩॥
2523	62	ਕੰਚਨ ਕੇ ਕੋਟ ਦਤੁ ਕਰੀ ਬਹੁ ਹੈਵਰ ਗੈਵਰ ਦਾਨੁ॥	ਦਤੁ, ਦਾਨ: ਪੋਲੇ ਬੋਲੋ ਜੀ	Kanchan Kae Kott Dhath Karee Bahu Haivar Gaivar Dhaan ||	If I made a donation of castles of gold, and gave lots of fine horses and wondrous elephants in charity,	ਜੇ ਮੈਂ ਸੋਨੇ ਦੇ ਕਿਲ੍ਹੇ ਦਾਨ ਕਰਾਂ, ਬਹੁਤ ਸਾਰੇ ਘੋੜੇ ਤੇ ਹਾਥੀ ਦਾਨ ਕਰਾਂ,
2524	62	ਭੂਮਿ ਦਾਨੁ ਗਊਆ ਘਣੀ ਭੀ ਅੰਤਰਿ ਗਰਬੁ ਗੁਮਾਨੁ॥		Bhoom Dhaan Gooaa Ghanee Bhee Anthar Garab Gumaan ||	And if I made donations of land and cows-even then, pride and ego would still be within me.	ਜ਼ਮੀਨ ਦਾਨ ਕਰਾਂ, ਬਹੁਤ ਸਾਰੀਆਂ ਗਾਂਈਆਂ ਦਾਨ ਕਰਾਂ, ਫਿਰ ਭੀ (ਸਗੋਂ ਇਸ ਦਾਨ ਦਾ ਹੀ) ਮਨ ਵਿਚ ਅਹੰਕਾਰ ਮਾਣ ਬਣ ਜਾਂਦਾ ਹੈ।
2525	62	ਰਾਮ ਨਾਮਿ ਮਨੁ ਬੇਧਿਆ ਗੁਰਿ ਦੀਆ ਸਚੁ ਦਾਨੁ॥੪॥		Raam Naam Man Baedhhiaa Gur Dheeaa Sach Dhaan ||4||	The Name of the Lord has pierced my mind; the Guru has given me this true gift. ||4||	ਜਿਸ ਮਨੁੱਖ ਨੂੰ ਸਤਿਗੁਰੂ ਨੇ ਸਦਾ-ਥਿਰ ਪ੍ਰਭੂ (ਦਾ ਨਾਮ ਜਪਣ ਦੀ) ਬਖ਼ਸ਼ਸ਼ ਕੀਤੀ ਹੈ, ਉਸ ਦਾ ਮਨ ਪਰਮਾਤਮਾ ਦੇ ਨਾਮ ਵਿਚ ਪਰੋਇਆ ਰਹਿੰਦਾ ਹੈ (ਤੇ ਇਹੀ ਹੈ ਸਹੀ ਕਰਣੀ) ॥੪॥

2526	62	ਮਨ ਹਠ ਬੁਧੀ ਕੇਤੀਆ ਕੇਤੇ ਬੇਦ ਬੀਚਾਰ॥	ਹਠ: ਪੋਲਾ ਬੋਲੋ	Manehath Budhhee Kaetheeaa Kaethae Baedh Beechaar ||	There are so many stubborn-minded intelligent people, and so many who contemplate the Vedas.	ਅਨੇਕਾਂ ਹੀ ਲੋਕਾਂ ਦੀ ਅਕਲ (ਤਪ ਆਦਿਕ ਕਰਮਾਂ ਵਲ ਪ੍ਰੇਰਦੀ ਹੈ ਜੋ) ਮਨ ਦੇ ਹਠ ਨਾਲ (ਕੀਤੇ ਜਾਂਦੇ ਹਨ), ਅਨੇਕਾਂ ਹੀ ਲੋਕ ਵੇਦ ਆਦਿਕ ਧਰਮ-ਪੁਸਤਕਾਂ ਦੇ ਅਰਥ-ਵਿਚਾਰ ਕਰਦੇ ਹਨ (ਤੇ ਇਸ ਵਾਦ-ਵਿਵਾਦ ਨੂੰ ਹੀ ਜੀਵਨ ਦਾ ਸਹੀ ਰਾਹ ਮੰਨਦੇ ਹਨ),
2527	62	ਕੇਤੇ ਬੰਧਨ ਜੀਅ ਕੇ ਗੁਰਮੁਖਿ ਮੋਖ ਦੁਆਰ॥		Kaethae Bandhhan Jeea Kae Guramukh Mokh Dhuaar ||	There are so many entanglements for the soul. Only as Gurmukh do we find the Gate of Liberation.	ਇਹੋ ਜਿਹੇ ਹੋਰ ਭੀ ਅਨੇਕਾਂ ਕਰਮ ਹਨ ਜੋ ਜਿੰਦ ਵਾਸਤੇ ਫਾਹੀ-ਰੂਪ ਬਣ ਜਾਂਦੇ ਹਨ, (ਪਰ ਹਉਮੈ ਆਦਿਕ ਬੰਧਨਾਂ ਤੋਂ) ਖ਼ਲਾਸੀ ਦਾ ਦਰਵਾਜ਼ਾ ਗੁਰੂ ਦੇ ਸਨਮੁਖ ਹੋਇਆਂ ਹੀ ਲੱਭਦਾ ਹੈ, (ਕਿਉਂਕਿ ਗੁਰੂ ਪ੍ਰਭੂ ਦਾ ਨਾਮ ਸਿਮਰਨ ਦੀ ਹਿਦਾਇਤ ਕਰਦਾ ਹੈ)।
2528	62	ਸਚਹੁ ਓਰੈ ਸਭੁ ਕੋ ਉਪਰਿ ਸਚੁ ਆਚਾਰੁ॥੫॥	(ਓਰੈ) ਉਰ੍ਹੇ। ਸੱਚਹੁ। ਉੱਪਰਿ	Sachahu Ourai Sabh Ko Oupar Sach Aachaar ||5||	Truth is higher than everything; but higher still is truthful living. ||5||	ਹਰੇਕ (ਕਰਮ) ਸਦਾ-ਥਿਰ ਪ੍ਰਭੂ ਦਾ ਨਾਮ-ਸਿਮਰਨ ਤੋਂ ਘਟੀਆ ਹੈ, ਸਿਮਰਨ ਰੂਪ ਕਰਮ ਸਭ ਕਰਮਾਂ ਧਰਮਾਂ ਤੋਂ ਸ੍ਰੇਸ਼ਟ ਹੈ ॥੫॥

2529	62	ਸਭੁ ਕੋ ਊਚਾ ਆਖੀਐ ਨੀਚੁ ਨ ਦੀਸੈ ਕੋਇ॥		Sabh Ko Oochaa Aakheeai Neech N Dheesai Koe ||	Call everyone exalted; no one seems lowly.	(ਪਰ ਕਰਮ-ਕਾਂਡ ਦੇ ਜਾਲ ਵਿਚ ਫਸੇ ਉੱਚ-ਜਾਤੀਏ ਬੰਦਿਆਂ ਨੂੰ ਭੀ ਨਿੰਦਣਾ ਠੀਕ ਨਹੀਂ ਹੈ), ਹਰੇਕ ਜੀਵ ਨੂੰ ਚੰਗਾ ਹੀ ਆਖਣਾ ਚਾਹੀਦਾ ਹੈ, (ਜਗਤ ਵਿਚ) ਕੋਈ ਨੀਚ ਨਹੀਂ ਦਿੱਸਦਾ,
2530	62	ਇਕਨੈ ਭਾਂਡੇ ਸਾਜਿਐ ਇਕੁ ਚਾਨਣੁ ਤਿਹੁ ਲੋਇ॥		Eikanai Bhaanddae Saajiai Eik Chaanan Thihu Loe ||	The One Lord has fashioned the vessels, and His One Light pervades the three worlds.	ਕਿਉਂਕਿ ਇਕ ਕਰਤਾਰ ਨੇ ਹੀ ਸਾਰੇ ਜੀਵ ਰਚੇ ਹਨ, ਤੇ ਤਿੰਨਾਂ ਲੋਕਾਂ (ਦੇ ਜੀਵਾਂ) ਵਿਚ ਉਸੇ (ਕਰਤਾਰ ਦੀ ਜੋਤਿ) ਦਾ ਹੀ ਚਾਨਣ ਹੈ।
2531	62	ਕਰਮਿ ਮਿਲੈ ਸਚੁ ਪਾਈਐ ਧੁਰਿ ਬਖਸ ਨ ਮੇਟੈ ਕੋਇ॥੬॥		Karam Milai Sach Paaeeai Dhhur Bakhas N Maettai Koe ||6||	Receiving His Grace, we obtain Truth. No one can erase His Primal Blessing. ||6||	ਸਿਮਰਨ (ਦਾ ਖ਼ੈਰ) ਪ੍ਰਭੂ ਦੀ ਗੁਰੂ ਦੀ ਮਿਹਰ ਨਾਲ ਹੀ ਮਿਲਦਾ ਹੈ, ਤੇ ਧੁਰੋਂ ਪ੍ਰਭੂ ਦੇ ਹੁਕਮ ਅਨੁਸਾਰ ਜਿਸ ਮਨੁੱਖ ਨੂੰ ਸਿਮਰਨ ਦੀ ਦਾਤ ਮਿਲਦੀ ਹੈ, ਕੋਈ ਧਿਰ ਉਸ (ਦਾਤਿ) ਦੇ ਰਾਹ ਵਿਚ ਰੋਕ ਨਹੀਂ ਪਾ ਸਕਦਾ ॥੬॥
2532	62	ਸਾਧੁ ਮਿਲੈ ਸਾਧੂ ਜਨੈ ਸੰਤੋਖੁ ਵਸੈ ਗੁਰ ਭਾਇ॥		Saadhh Milai Saadhhoo Janai Santhokh Vasai Gur Bhaae ||	When one Holy person meets another Holy person, they abide in contentment, through the Love of the Guru.	ਜੇਹੜਾ ਗੁਰਮੁਖ ਮਨੁੱਖ ਗੁਰਮੁਖਾਂ ਦੀ ਸੰਗਤਿ ਵਿਚ ਮਿਲ ਬੈਠਦਾ ਹੈ, ਗੁਰੂ-ਆਸ਼ੇ ਦੇ ਅਨੁਸਾਰ ਤੁਰਿਆਂ (ਉਸ ਦੇ ਮਨ ਵਿਚ) ਸੰਤੋਖ ਆ ਵਸਦਾ ਹੈ,

2533	62	ਅਕਥ ਕਥਾ ਵੀਚਾਰੀਐ ਜੇ ਸਤਿਗੁਰ ਮਾਹਿ ਸਮਾਇ॥	ਅ-ਕਥ: ਪੋਲਾ ਬੋਲੋ	Akathh Kathhaa Veechaareeai Jae Sathigur Maahi Samaae ||	They contemplate the Unspoken Speech, merging in absorption in the True Guru.	(ਕਿਉਂਕਿ) ਜੇ ਮਨੁੱਖ ਸਤਿਗੁਰੂ ਦੇ ਉਪਦੇਸ਼ ਵਿਚ ਲੀਨ ਰਹੇ ਤਾਂ ਬੇਅੰਤ ਗੁਣਾਂ ਵਾਲੇ ਕਰਤਾਰ ਦੀ ਸਿਫ਼ਤ-ਸਾਲਾਹ ਕੀਤੀ ਜਾ ਸਕਦੀ ਹੈ,
2534	62	ਪੀ ਅੰਮ੍ਰਿਤੁ ਸੰਤੋਖਿਆ ਦਰਗਹਿ ਪੈਧਾ ਜਾਇ॥੭॥		Pee Anmrith Santhokhiaa Dharagehi Paidhhaa Jaae ||7||	Drinking in the Ambrosial Nectar, they are contented; they go to the Court of the Lord in robes of honor. ||7||	ਤੇ ਸਿਫ਼ਤ-ਸਾਲਾਹ ਰੂਪ ਅੰਮ੍ਰਿਤ ਪੀਤਿਆਂ ਮਨ ਸੰਤੋਖ ਗ੍ਰਹਣ ਕਰ ਲੈਂਦਾ ਹੈ, ਅਤੇ (ਜਗਤ ਵਿਚੋਂ) ਆਦਰ ਮਾਣ ਖੱਟ ਕੇ ਪ੍ਰਭੂ ਦੀ ਹਜ਼ੂਰੀ ਵਿਚ ਪਹੁੰਚਦਾ ਹੈ ॥੭॥
2535	62	ਘਟਿ ਘਟਿ ਵਾਜੈ ਕਿੰਗੁਰੀ ਅਨ ਦਿਨੁ ਸਬਦਿ ਸੁਭਾਇ॥		Ghatt Ghatt Vaajai Kinguree Anadhin Sabadh Subhaae ||	In each and every heart the Music of the Lord's Flute vibrates, night and day, with sublime love for the Shabad.	ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੇ ਸੁਭਾਉ ਵਿਚ ਹਰ ਵੇਲੇ ਇਕ-ਮਿਕ ਹੋਇ ਰਿਹਾਂ ਇਹ ਯਕੀਨ ਬਣ ਜਾਂਦਾ ਹੈ ਕਿ (ਰੱਬੀ ਜੀਵਨ-ਰੌ ਦੀ) ਬੀਨ ਹਰੇਕ ਸਰੀਰ ਵਿਚ ਵੱਜ ਰਹੀ ਹੈ।
2536	62	ਵਿਰਲੇ ਕਉ ਸੋਝੀ ਪਈ ਗੁਰਮੁਖਿ ਮਨੁ ਸਮਝਾਇ॥		Viralae Ko Sojhee Pee Guramukh Man Samajhaae ||	Only those few who become Gurmukh understand this by instructing their minds.	ਪਰ ਇਹ ਸਮਝ ਕਿਸੇ ਵਿਰਲੇ ਨੂੰ ਹੀ ਪੈਂਦੀ ਹੈ, ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਆਪਣੇ ਮਨ ਨੂੰ ਸਮਝਾ ਲੈਂਦਾ ਹੈ।

2537	62	ਨਾਨਕ ਨਾਮੁ ਨ ਵੀਸਰੈ ਛੂਟੈ ਸਬਦੁ ਕਮਾਇ॥੮॥੧੪॥		Naanak Naam N Veesarai Shhoottai Sabadh Kamaae ||8||14||	O Nanak, do not forget the Naam. Practicing the Shabad you shall be saved. ||8||14||	ਹੇ ਨਾਨਕ! ਉਸ ਨੂੰ ਪਰਮਾਤਮਾ ਦਾ ਨਾਮ ਕਦੇ ਭੁੱਲਦਾ ਨਹੀਂ, ਉਹ ਗੁਰੂ ਦੇ ਉਪਦੇਸ਼ ਨੂੰ ਕਮਾ ਕੇ (ਗੁਰ-ਸ਼ਬਦ ਅਨੁਸਾਰ ਜੀਵਨ ਬਣਾ ਕੇ, ਹਉਮੈ ਆਦਿਕ ਰੋਗਾਂ ਤੋਂ) ਬਚਿਆ ਰਹਿੰਦਾ ਹੈ ॥੮॥੧੪॥
2538	62	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
2539	62	ਚਿਤੇ ਦਿਸਹਿ ਧਉਲਹਰ ਬਗੇ ਬੰਕ ਦੁਆਰ॥	ਚਿਤੇ:ਪੋਲਾ ਬੋਲੋ। (ਚਿਤੇ) ਚਿੱਤ੍ਰਕਾਰੀ ਕੀਤੇ। (ਧਉਲਹਰ) ਮਹਲ। (ਬੱਗੇ) ਚਿੱਟੇ	Chithae Dhisehi Dhhoulehar Bagae Bank Dhuaar ||	There are painted mansions to behold, white-washed, with beautiful doors;	ਹੇ ਮਨ! ਜਿਵੇਂ ਬੜੇ ਚਾਉ ਨਾਲ ਉਸਾਰੇ ਹੋਏ ਚਿੱਤਰੇ ਹੋਏ ਮਹਲ-ਮਾੜੀਆਂ (ਸੁੰਦਰ) ਦਿੱਸਦੇ ਹਨ, ਉਹਨਾਂ ਦੇ ਸਫ਼ੈਦ ਬਾਂਕੇ ਦਰਵਾਜ਼ੇ ਹੁੰਦੇ ਹਨ।
2540	62	ਕਰਿ ਮਨ ਖੁਸੀ ਉਸਾਰਿਆ ਦੂਜੈ ਹੇਤਿ ਪਿਆਰਿ॥		Kar Man Khusee Ousaariaa Dhoojai Haeth Piaar ||	They were constructed to give pleasure to the mind, but this is only for the sake of the love of duality.	(ਪਰ ਜੇ ਉਹ ਅੰਦਰੋਂ ਖ਼ਾਲੀ ਰਹਿਣ ਤਾਂ ਢਹਿ ਕੇ ਢੇਰੀ ਹੋ ਜਾਂਦੇ ਹਨ, ਤਿਵੇਂ ਮਾਇਆ ਦੇ ਮੋਹ ਵਿਚ ਪਿਆਰ ਵਿਚ (ਇਹ ਸਰੀਰ) ਪਾਲੀਦਾ ਹੈ,
2541	62	ਅੰਦਰੁ ਖਾਲੀ ਪ੍ਰੇਮ ਬਿਨੁ ਢਹਿ ਢੇਰੀ ਤਨੁ ਛਾਰੁ॥੧॥		Andhar Khaalee Praem Bin Dtehi Dtaeree Than Shhaar ||1||	The inner being is empty without love. The body shall crumble into a heap of ashes. ||1||	ਪਰ ਜੇ ਹਿਰਦਾ ਨਾਮ ਤੋਂ ਸੱਖਣਾ ਹੈ, ਪ੍ਰੇਮ ਤੋਂ ਬਿਨਾ ਹੈ, ਤਾਂ ਇਹ ਸਰੀਰ ਢਹਿ ਕੇ ਢੇਰੀ ਹੋ ਜਾਂਦਾ ਹੈ (ਵਿਅਰਥ ਜਾਂਦਾ ਹੈ) ॥੧॥

2542	62	ਭਾਈ ਰੇ ਤਨੁ ਧਨੁ ਸਾਥਿ ਨ ਹੋਇ॥		Bhaaee Rae Than Dhhan Saathh N Hoe ||	O Siblings of Destiny, this body and wealth shall not go along with you.	ਹੇ ਭਾਈ! ਇਹ ਸਰੀਰ ਇਹ ਧਨ (ਜਗਤ ਤੋਂ ਚਲਣ ਵੇਲੇ) ਨਾਲ ਨਹੀਂ ਨਿਭਦਾ।
2543	62	ਰਾਮ ਨਾਮੁ ਧਨੁ ਨਿਰਮਲੋ ਗੁਰੁ ਦਾਤਿ ਕਰੇ ਪ੍ਰਭੁ ਸੋਇ॥੧॥ਰਹਾਉ॥		Raam Naam Dhhan Niramalo Gur Dhaath Karae Prabh Soe ||1|| Rehaao ||	The Lord's Name is the pure wealth; through the Guru, God bestows this gift. ||1||Pause||	ਪਰਮਾਤਮਾ ਦਾ ਨਾਮ (ਐਸਾ) ਪਵਿਤ੍ਰ ਧਨ ਹੈ (ਜੋ ਸਦਾ ਨਾਲ ਨਿਭਦਾ ਹੈ, ਪਰ ਇਹ ਮਿਲਦਾ ਉਸ ਨੂੰ ਹੈ) ਜਿਸ ਨੂੰ ਗੁਰੂ ਦੇਂਦਾ ਹੈ ਜਿਸ ਨੂੰ ਉਹ ਪਰਮਾਤਮਾ ਦਾਤ ਕਰਦਾ ਹੈ ॥੧॥ ਰਹਾਉ ॥
2544	62	ਰਾਮ ਨਾਮੁ ਧਨੁ ਨਿਰਮਲੋ ਜੇ ਦੇਵੈ ਦੇਵਣਹਾਰੁ॥		Raam Naam Dhhan Niramalo Jae Dhaevai Dhaevanehaar ||	The Lord's Name is the pure wealth; it is given only by the Giver.	ਪਰਮਾਤਮਾ ਦਾ ਨਾਮ ਪਵਿਤ੍ਰ ਧਨ ਹੈ (ਤਦੋਂ ਹੀ ਮਿਲਦਾ ਹੈ) ਜੇ ਦੇਣ ਦੇ ਸਮਰੱਥ ਹਰੀ ਆਪ ਦੇਵੇ।
2545	62	ਆਗੈ ਪੂਛ ਨ ਹੋਵਈ ਜਿਸੁ ਬੇਲੀ ਗੁਰੁ ਕਰਤਾਰੁ॥		Aagai Pooshh N Hovee Jis Baelee Gur Karathaar ||	One who has the Guru, the Creator, as his Friend, shall not be questioned hereafter.	(ਨਾਮ-ਧਨ ਹਾਸਲ ਕਰਨ ਵਿਚ) ਜਿਸ ਮਨੁੱਖ ਦਾ ਸਹਾਈ ਗੁਰੂ ਆਪ ਬਣੇ, ਕਰਤਾਰ ਆਪ ਬਣੇ, ਪਰਲੋਕ ਵਿਚ ਉਸ ਉੱਤੇ ਕੋਈ ਇਤਰਾਜ਼ ਨਹੀਂ ਹੁੰਦਾ।
2546	62	ਆਪਿ ਛਡਾਏ ਛੁਟੀਐ ਆਪੇ ਬਖਸਣਹਾਰੁ॥੨॥		Aap Shhaddaaeae Shhutteeai Aapae Bakhasanehaar ||2||	He Himself delivers those who are delivered. He Himself is the Forgiver. ||2||	ਪਰ ਮਾਇਆ ਦੇ ਮੋਹ ਤੋਂ ਪ੍ਰਭੂ ਆਪ ਹੀ ਬਚਾਏ ਤਾਂ ਬਚ ਸਕੀਦਾ ਹੈ, ਪ੍ਰਭੂ ਆਪ ਹੀ ਬਖ਼ਸ਼ਸ਼ ਕਰਨ ਵਾਲਾ ਹੈ ॥੨॥

2547	63	ਮਨਮੁਖੁ ਜਾਣੈ ਆਪਣੇ ਧੀਆ ਪੂਤ ਸੰਜੋਗੁ॥		Manamukh Jaanai Aapanae Dhheeaa Pooth Sanjog ||	The self-willed manmukh looks upon his daughters, sons and relatives as his own.	(ਪ੍ਰਭੂ ਦੀ ਰਜ਼ਾ ਅਨੁਸਾਰ ਜਗਤ ਵਿਚ) ਧੀਆਂ ਪੁੱਤਰਾਂ ਦਾ ਮੇਲ (ਆ ਬਣਦਾ ਹੈ) ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੰਦਾ ਇਹਨਾਂ ਨੂੰ ਆਪਣੇ ਸਮਝ ਲੈਂਦਾ ਹੈ।
2548	63	ਨਾਰੀ ਦੇਖਿ ਵਿਗਾਸੀਅਹਿ ਨਾਲੇ ਹਰਖੁ ਸੁ ਸੋਗੁ॥	ਵਿਗਾਸੀ-ਅਹਿ	Naaree Dhaekh Vigaaseeahi Naalae Harakh S Sog ||	Gazing upon his wife, he is pleased. But along with happiness, they bring grief.	(ਮਨਮੁਖ ਬੰਦੇ ਆਪੇ ਆਪਣੀ) ਇਸਤ੍ਰੀ ਨੂੰ ਵੇਖ ਕੇ ਖ਼ੁਸ਼ ਹੁੰਦੇ ਹਨ, (ਵੇਖ ਕੇ) ਖ਼ੁਸ਼ੀ ਭੀ ਹੁੰਦੀ ਹੈ ਸਹਮ ਭੀ ਹੁੰਦਾ ਹੈ (ਕਿ ਕਿਤੇ ਇਹ ਧੀਆਂ ਪੁੱਤਰ ਇਸਤ੍ਰੀ ਮਰ ਨਾਹ ਜਾਣ)।
2549	63	ਗੁਰਮੁਖਿ ਸਬਦਿ ਰੰਗਾਵਲੇ ਅਹਿ ਨਿਸਿ ਹਰਿ ਰਸੁ ਭੋਗੁ॥੩॥		Guramukh Sabadh Rangaavalae Ahinis Har Ras Bhog ||3||	The Gurmukhs are attuned to the Word of the Shabad. Day and night, they enjoy the Sublime Essence of the Lord. ||3||	ਗੁਰੂ ਦੇ ਦੱਸੇ ਰਸਤੇ ਤੇ ਤੁਰਨ ਵਾਲੇ ਬੰਦੇ ਗੁਰੂ ਦੇ ਸ਼ਬਦ ਦੀ ਰਾਹੀਂ ਆਤਮਕ ਰੰਗ ਮਾਣਦੇ ਹਨ, ਪਰਮਾਤਮਾ ਦਾ ਨਾਮ-ਰਸ ਦਿਨ-ਰਾਤ ਉਹਨਾਂ ਦੀ ਆਤਮਕ ਖ਼ੁਰਾਕ ਹੁੰਦਾ ਹੈ ॥੩॥
2550	63	ਚਿਤੁ ਚਲੈ ਵਿਤੁ ਜਾਵਣੋ ਸਾਕਤ ਡੋਲਿ ਡੋਲਾਇ॥	(ਵਿਤੁ) ਧਨ। ਚਿੱਤੁ	Chith Chalai Vith Jaavano Saakath Ddol Ddolaae ||	The consciousness of the wicked, faithless cynics wanders around in search of transitory wealth, unstable and distracted.	(ਮਨੁੱਖ ਧਨ ਨੂੰ ਸੁਖ ਦਾ ਮੂਲ ਸਮਝਦਾ ਹੈ, ਜਦੋਂ) ਧਨ ਜਾਣ ਲਗਦਾ ਹੈ ਤਾਂ ਸਾਕਤ ਦਾ ਮਨ ਡੋਲਦਾ ਹੈ।

2551	63	ਬਾਹਰਿ ਢੂੰਢਿ ਵਿਗੁਚੀਐ ਘਰ ਮਹਿ ਵਸਤੁ ਸੁਥਾਇ॥	ਬਾ-ਹਰਿ: ਹ ਮੁਕਤਾ, ਰ ਸਿਹਾਰੀ ਲਾ ਕੇ। ਵਿਗੁੱਚੀਐ	Baahar Dtoondt Vigucheeai Ghar Mehi Vasath Suthhaae ||	Searching outside of themselves, they are ruined; the object of their search is in that sacred place within the home of the heart.	(ਸੁਖ ਨੂੰ) ਬਾਹਰੋਂ ਢੂੰਡਿਆਂ ਖ਼ੁਆਰ ਹੀ ਹੋਈਦਾ ਹੈ। (ਸਾਕਤ ਮਨੁੱਖ ਇਹ ਨਹੀਂ ਸਮਝਦਾ ਕਿ ਸੁਖ ਦਾ ਮੂਲ) ਪਰਮਾਤਮਾ ਦਾ ਨਾਮ-ਧਨ ਘਰ ਵਿਚ ਹੀ ਹੈ ਹਿਰਦੇ ਵਿਚ ਹੀ ਹੈ।
2552	63	ਮਨਮੁਖਿ ਹਉਮੈ ਕਰਿ ਮੁਸੀ ਗੁਰਮੁਖਿ ਪਲੈ ਪਾਇ॥੪॥	(ਮੁੱਸੀ) ਲੁੱਟੀ ਗਈ	Manamukh Houmai Kar Musee Guramukh Palai Paae ||4||	The self-willed manmukhs, in their ego, miss it; the Gurmukhs receive it in their laps. ||4||	ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ 'ਹਉ ਹਉ ਮੈਂ ਮੈਂ' ਕਰ ਕੇ ਹੀ ਲੁੱਟੀ ਜਾਂਦੀ ਹੈ (ਨਾਮ-ਧਨ ਅੰਦਰੋਂ ਲੁਟਾ ਲੈਂਦੀ ਹੈ), ਗੁਰੂ ਦੇ ਰਸਤੇ ਤੁਰਨ ਵਾਲੀ ਇਹ ਧਨ ਹਾਸਲ ਕਰ ਲੈਂਦੀ ਹੈ ॥੪॥
2553	63	ਸਾਕਤ ਨਿਰਗੁਣਿਆਰਿਆ ਆਪਣਾ ਮੂਲੁ ਪਛਾਣੁ॥		Saakath Niraguniaariaa Aapanaa Mool Pashhaan ||	You worthless, faithless cynic- recognize your own origin!	ਹੇ ਗੁਣ-ਹੀਨ ਸਾਕਤ ਮਨੁੱਖ! (ਤੂੰ ਮਾਣ ਕਰਦਾ ਹੈਂ ਆਪਣੇ ਸਰੀਰ ਦਾ) ਆਪਣਾ ਅਸਲਾ ਤਾਂ ਪਛਾਣ।
2554	63	ਰਕਤੁ ਬਿੰਦੁ ਕਾ ਇਹੁ ਤਨੋ ਅਗਨੀ ਪਾਸਿ ਪਿਰਾਣੁ॥		Rakath Bindh Kaa Eihu Thano Aganee Paas Piraan ||	This body is made of blood and semen. It shall be consigned to the fire in the end.	ਇਹ ਸਰੀਰ ਮਾਂ ਦੇ ਲਹੂ ਤੇ ਪਿਤਾ ਦੇ ਵੀਰਜ ਤੋਂ ਬਣਿਆ ਹੈ, ਚੇਤੇ ਰੱਖ, (ਆਖ਼ਰ ਇਸ ਨੇ) ਅੱਗ ਵਿਚ (ਪੈ ਜਾਣਾ ਹੈ)।

2555	63	ਪਵਣੈ ਕੈ ਵਸਿ ਦੇਹੁਰੀ ਮਸਤਕਿ ਸਚੁ ਨੀਸਾਣੁ॥੫॥		Pavanai Kai Vas Dhaehuree Masathak Sach Neesaan ||5||	The body is under the power of the breath, according to the True Sign inscribed upon your forehead. ||5||	ਹਰੇਕ ਜੀਵ ਦੇ ਮੱਥੇ ਉੱਤੇ ਇਹ ਅਟੱਲ ਹੁਕਮ ਹੈ, ਕਿ ਇਹ ਸਰੀਰ ਸੁਆਸਾਂ ਦੇ ਅਧੀਨ ਹੈ (ਹਰੇਕ ਦੇ ਗਿਣੇ ਮਿਥੇ ਸੁਆਸ ਹਨ) ॥੫॥
2556	63	ਬਹੁਤਾ ਜੀਵਣੁ ਮੰਗੀਐ ਮੁਆ ਨ ਲੋੜੈ ਕੋਇ॥		Bahuthaa Jeevan Mangeeai Muaa N Lorrai Koe ||	Everyone begs for a long life-no one wishes to die.	ਲੰਮੀ ਲੰਮੀ ਉਮਰ ਮੰਗੀਦੀ ਹੈ, ਕੋਈ ਭੀ (ਛੇਤੀ) ਮਰਨਾ ਨਹੀਂ ਚਾਹੁੰਦਾ।
2557	63	ਸੁਖ ਜੀਵਣੁ ਤਿਸੁ ਆਖੀਐ ਜਿਸੁ ਗੁਰਮੁਖਿ ਵਸਿਆ ਸੋਇ॥		Sukh Jeevan This Aakheeai Jis Guramukh Vasiaa Soe ||	A life of peace and comfort comes to that Gurmukh, within whom God dwells.	ਪਰ ਉਸੇ ਮਨੁੱਖ ਦਾ ਸੁਖੀ ਜੀਵਨ ਕਹਿ ਸਕੀਦਾ ਹੈ, ਜਿਸ ਦੇ ਮਨ ਵਿਚ, ਗੁਰੂ ਦੀ ਸਰਨ ਪੈ ਕੇ, ਪਰਮਾਤਮਾ ਆ ਵੱਸਦਾ ਹੈ।
2558	63	ਨਾਮ ਵਿਹੂਣੇ ਕਿਆ ਗਣੀ ਜਿਸੁ ਹਰਿ ਗੁਰ ਦਰਸੁ ਨ ਹੋਇ॥੬॥		Naam Vihoonae Kiaa Ganee Jis Har Gur Dharas N Hoe ||6||	Without the Naam, what good those who do not have the Blessed Vision, the Darshan of the Lord and Guru? ||6||	ਜਿਸ ਮਨੁੱਖ ਨੂੰ ਕਦੇ ਗੁਰੂ ਦਾ ਦਰਸ਼ਨ ਨਹੀਂ ਹੋਇਆ, ਕਦੇ ਪਰਮਾਤਮਾ ਦਾ ਦੀਦਾਰ ਨਹੀਂ ਹੋਇਆ, ਉਸ ਪ੍ਰਭੂ-ਨਾਮ ਤੋਂ ਸੱਖਣੇ ਮਨੁੱਖ ਨੂੰ ਮੈਂ (ਜੀਊਂਦਾ) ਕੀਹ ਸਮਝਾਂ? ॥੬॥

2559	63	ਜਿਉ ਸੁਪਨੈ ਨਿਸਿ ਭੁਲੀਐ ਜਬ ਲਗਿ ਨਿਦ੍ਰਾ ਹੋਇ॥		Jio Supanai Nis Bhuleeai Jab Lag Nidhraa Hoe ||	In their dreams at night, people wander around as long as they sleep;	ਜਿਵੇਂ ਰਾਤ ਨੂੰ (ਸੁੱਤੇ ਪਿਆਂ) ਸੁਪਨੇ ਵਿਚ (ਕਈ ਚੀਜ਼ਾਂ ਵੇਖ ਕੇ) ਭੁਲੇਖਾ ਖਾ ਜਾਈਦਾ ਹੈ (ਕਿ ਜੋ ਕੁਝ ਵੇਖ ਰਹੇ ਹਾਂ ਇਹ ਸਚ-ਮੁਚ ਠੀਕ ਹੈ, ਤੇ ਇਹ ਭੁਲੇਖਾ ਤਦ ਤਕ ਟਿਕਿਆ ਰਹਿੰਦਾ ਹੈ) ਜਦ ਤਕ ਨੀਂਦ ਟਿਕੀ ਰਹਿੰਦੀ ਹੈ।
2560	63	ਇਉ ਸਰਪਨਿ ਕੈ ਵਸਿ ਜੀਅੜਾ ਅੰਤਰਿ ਹਉਮੈ ਦੋਇ॥	ਵੱਸਿ	Eio Sarapan Kai Vas Jeearraa Anthar Houmai Dhoe ||	Just so, they are under the power of the snake Maya, as long as their hearts are filled with ego and duality.	ਇਸੇ ਤਰ੍ਹਾਂ ਇਹ ਕਮਜ਼ੋਰ ਜੀਵ ਮਾਇਆ ਸਪਣੀ ਦੇ ਵੱਸ ਵਿਚ (ਜਦ ਤਕ) ਹੈ (ਤਦ ਤਕ) ਇਸ ਦੇ ਅੰਦਰ ਹਉਮੈ ਤੇ ਮੇਰ-ਤੇਰ ਬਣੀ ਰਹਿੰਦੀ ਹੈ (ਤੇ ਇਸ ਹਉਮੈ ਤੇ ਮੇਰ-ਤੇਰ ਨੂੰ ਇਹ ਜੀਵਨ ਸਹੀ ਜੀਵਨ ਸਮਝਦਾ ਹੈ)।
2561	63	ਗੁਰਮਤਿ ਹੋਇ ਵੀਚਾਰੀਐ ਸੁਪਨਾ ਇਹੁ ਜਗੁ ਲੋਇ॥੭॥		Guramath Hoe Veechaareeai Supanaa Eihu Jag Loe ||7||	Through the Guru's Teachings, they come to understand and see that this world is just a dream. ||7||	ਜਦੋਂ ਗੁਰੂ ਦੀ ਮਤਿ ਪ੍ਰਾਪਤ ਹੋਵੇ ਤਾਂ ਇਹ ਸਮਝ ਪੈਂਦੀ ਹੈ ਕਿ ਇਹ ਜਗਤ (ਦਾ ਮੋਹ) ਇਹ ਦੁਨੀਆ (ਵਾਲੀ ਮੇਰ-ਤੇਰ) ਨਿਰਾ ਸੁਪਨਾ ਹੀ ਹੈ ॥੭॥
2562	63	ਅਗਨਿ ਮਰੈ ਜਲੁ ਪਾਈਐ ਜਿਉ ਬਾਰਿਕ ਦੂਧੈ ਮਾਇ॥		Agan Marai Jal Paaeeai Jio Baarik Dhoodhhai Maae ||	As thirst is quenched with water, and the baby is satisfied with mother's milk,	ਜਿਵੇਂ ਬਾਲਕ ਦੀ ਅੱਗ (ਪੇਟ ਦੀ ਅੱਗ, ਭੁਖ) ਮਾਂ ਦਾ ਦੁੱਧ ਪੀਤਿਆਂ ਸ਼ਾਂਤ ਹੁੰਦੀ ਹੈ, ਤਿਵੇਂ ਇਹ ਤ੍ਰਿਸ਼ਨਾ ਦੀ ਅੱਗ ਤਦੋਂ ਬੁੱਝਦੀ ਹੈ ਜਦੋਂ ਪ੍ਰਭੂ ਦੇ ਨਾਮ ਦਾ ਜਲ ਇਸ ਉੱਤੇ ਪਾਈਏ।

2563	63	ਬਿਨੁ ਜਲ ਕਮਲ ਸੁਨਾ ਥੀਐ ਬਿਨੁ ਜਲ ਮੀਨੁ ਮਰਾਇ॥		Bin Jal Kamal S Naa Thheeai Bin Jal Meen Maraae ||	And as the lotus does not exist without water, and as the fish dies without water	ਪਾਣੀ ਤੋਂ ਬਿਨਾ ਕੌਲ ਫੁੱਲ ਨਹੀਂ ਰਹਿ ਸਕਦਾ, ਪਾਣੀ ਤੋਂ ਬਿਨਾ ਮੱਛੀ ਮਰ ਜਾਂਦੀ ਹੈ,
2564	63	ਨਾਨਕ ਗੁਰਮੁਖਿ ਹਰਿ ਰਸਿ ਮਿਲੈ ਜੀਵਾ ਹਰਿ ਗੁਣ ਗਾਇ॥੮॥੧੫॥		Naanak Guramukh Har Ras Milai Jeevaa Har Gun Gaae ||8||15||	-O Nanak, so does the Gurmukh live, receiving the Sublime Essence of the Lord, and singing the Glorious Praises of the Lord. ||8||15||	ਤਿਵੇਂ ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਪ੍ਰਭੂ-ਨਾਮ ਤੋਂ ਬਿਨਾ ਜੀਊ ਨਹੀਂ ਸਕਦਾ, ਉਸ ਦਾ ਆਤਮਕ ਜੀਵਨ ਤਦੋਂ ਹੀ ਪ੍ਰਫੁਲਤ ਹੁੰਦਾ ਹੈ ਜਦੋਂ) ਉਹ ਪਰਮਾਤਮਾ ਦੇ ਨਾਮ-ਰਸ ਵਿਚ ਲੀਨ ਹੁੰਦਾ ਹੈ। ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰ ਤੇ ਆਖ-ਹੇ ਪ੍ਰਭੂ! ਮਿਹਰ ਕਰ), ਮੈਂ ਤੇਰੇ ਗੁਣ ਗਾ ਕੇ (ਆਤਮਕ ਜੀਵਨ) ਜੀਵਾਂ ॥੮॥੧੫॥{62-63}
2565	63	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	

2566	63	ਡੂੰਗਰੁ ਦੇਖਿ ਡਰਾਵਣੋ ਪੇਈਅੜੈ ਡਰੀਆਸੁ॥	ਡਰੀ-ਆਸੁ	Ddoongar Dhaekh Ddaraavano Paeeearrai Ddareeaas ||	Beholding the terrifying mountain in this world of my father's home, I am terrified.	(ਇਕ ਪਾਸੇ ਸੰਸਾਰ-ਸਮੁੰਦਰ ਹੈ; ਦੂਜੇ ਪਾਸੇ, ਇਸ ਵਿਚੋਂ ਪਾਰ ਲੰਘਣ ਲਈ ਗੁਰਮੁਖਾਂ ਵਾਲਾ ਰਸਤਾ ਹੈ। ਪਰ ਆਤਮਕ ਜੀਵਨ ਵਾਲਾ ਉਹ ਰਸਤਾ ਪਹਾੜੀ ਰਸਤਾ ਹੈ। ਆਤਮਕ ਜੀਵਨ ਦੀ ਸਿਖਰ ਤੇ ਪਹੁੰਚਣਾ, ਮਾਨੋ, ਇਕ ਬੜੇ ਉੱਚੇ ਡਰਾਉਣੇ ਪਹਾੜ ਉੱਤੇ ਚੜ੍ਹਨਾ ਹੈ, ਉਸ) ਡਰਾਉਣੇ ਪਹਾੜ ਨੂੰ ਵੇਖ ਕੇ ਪੇਕੇ ਘਰ ਵਿਚ (ਮਾਂ ਪਿਉ ਭੈਣ ਭਰਾ ਆਦਿਕ ਦੇ ਮੋਹ ਵਿਚ ਗ੍ਰਸੀ ਜੀਵ-ਇਸਤ੍ਰੀ) ਡਰ ਗਈ (ਕਿ ਇਸ ਪਹਾੜ ਉੱਤੇ ਚੜ੍ਹਿਆ ਨਹੀਂ ਜਾ ਸਕਦਾ, ਜਗਤ ਦਾ ਮੋਹ ਦੂਰ ਨਹੀਂ ਕੀਤਾ ਜਾ ਸਕਦਾ, ਆਪਾ ਵਾਰਿਆ ਨਹੀਂ ਜਾ ਸਕਦਾ)।
2567	63	ਊਚਉ ਪਰਬਤੁ ਗਾਖੜੋ ਨਾ ਪਉੜੀ ਤਿਤੁ ਤਾਸੁ॥	(ਗੱਖੜੋ) ਕਠਨ। (ਤਿਤੁ) ਤਿੱਥੇ। (ਤਾਸੁ) ਤਿਸ	Oocho Parabath Gaakharro Naa Pourree Thith Thaas ||	It is so difficult to climb this high mountain; there is no ladder which reaches up there.	(ਆਤਮਕ ਜੀਵਨ ਦੀ ਸਿਖਰ ਤੇ ਅੱਪੜਨਾ, ਮਾਨੋ) ਬੜਾ ਉੱਚਾ ਤੇ ਔਖਾ ਪਹਾੜ ਹੈ; ਉਸ ਪਹਾੜ ਤੇ ਚੜ੍ਹਨ ਲਈ ਉਸ (ਜੀਵ-ਇਸਤ੍ਰੀ) ਦੇ ਪਾਸ ਕੋਈ ਪੌੜੀ ਭੀ ਨਹੀਂ ਹੈ।

2568	63	ਗੁਰਮੁਖਿ ਅੰਤਰਿ ਜਾਣਿਆ ਗੁਰਿ ਮੇਲੀ ਤਰੀਆਸੁ॥੧॥	ਤਰੀ–ਆਸੁ	Guramukh Anthar Jaaniaa Gur Maelee Thareeaas ||1||	But as Gurmukh, I know that it is within my self; the Guru has brought me to Union, and so I cross over. ||1||	ਗੁਰੂ ਦੇ ਸਨਮੁਖ ਰਹਿਣ ਵਾਲੀ ਜਿਸ ਜੀਵ-ਇਸਤ੍ਰੀ ਨੂੰ ਗੁਰੂ ਨੇ (ਪ੍ਰਭੂ-ਚਰਨਾਂ ਵਿਚ) ਮਿਲਾ ਲਿਆ, ਉਸ ਨੇ ਆਪਣੇ ਅੰਦਰ ਹੀ ਵੱਸਦੇ ਪ੍ਰਭੂ ਨੂੰ ਪਛਾਣ ਲਿਆ, ਤੇ, ਉਹ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਈ ॥੧॥
2569	63	ਭਾਈ ਰੇ ਭਵਜਲੁ ਬਿਖਮੁ ਡਰਾਂਉ॥	(ਭਵਜਲ) ਸੰਸਾਰ ਸਾਗਰ। (ਬਿਖਮੁ) ਕਠਨ। (ਡਰਾਂਉ) ਡਰਾਉਣਾ	Bhaaee Rae Bhavajal Bikham Ddaraano ||	O Siblings of Destiny, the terrifying world-ocean is so difficult to cross-I am terrified!	ਹੇ ਭਾਈ! ਇਹ ਸੰਸਾਰ-ਸਮੁੰਦਰ (ਬੜਾ) ਡਰਾਉਣਾ ਹੈ ਤੇ (ਤਰਨਾ) ਔਖਾ ਹੈ।
2570	63	ਪੂਰਾ ਸਤਿਗੁਰੁ ਰਸਿ ਮਿਲੈ ਗੁਰੁ ਤਾਰੇ ਹਰਿ ਨਾਉ॥੧॥ਰਹਾਉ॥		Pooraa Sathigur Ras Milai Gur Thaarae Har Naao ||1|| Rehaao ||	The Perfect True Guru, in His Pleasure, has met with me; the Guru has saved me, through the Name of the Lord. ||1||Pause||	ਜਿਸ ਮਨੁੱਖ ਨੂੰ ਪੂਰਾ ਗੁਰੂ ਪ੍ਰੇਮ ਨਾਲ ਮਿਲਦਾ ਹੈ ਉਸ ਨੂੰ ਉਹ ਗੁਰੂ ਪਰਮਾਤਮਾ ਦਾ ਨਾਮ ਦੇ ਕੇ (ਇਸ ਸਮੁੰਦਰ ਵਿਚੋਂ) ਪਾਰ ਲੰਘਾ ਲੈਂਦਾ ਹੈ ॥੧॥ ਰਹਾਉ ॥
2571	63	ਚਲਾ ਚਲਾ ਜੇ ਕਰੀ ਜਾਣਾ ਚਲਣਹਾਰੁ॥	ਚੱਲਾਂ। ਚੱਲਣਹਾਰੁ	Chalaa Chalaa Jae Karee Jaanaa Chalanehaar ||	I may say, ""I am going, I am going"", but I know that, in the end, I must really go.	ਜੇ ਮੈਂ ਸਦਾ ਚੇਤੇ ਰੱਖਾਂ ਕਿ ਮੈਂ ਜਗਤ ਤੋਂ ਜ਼ਰੂਰ ਚਲੇ ਜਾਣਾ ਹੈ, ਜੇ ਮੈਂ ਸਮਝ ਲਵਾਂ ਕਿ ਸਾਰਾ ਜਗਤ ਹੀ ਚਲੇ ਜਾਣ ਵਾਲਾ ਹੈ,
2572	63	ਜੋ ਆਇਆ ਸੋ ਚਲਸੀ ਅਮਰੁ ਸੁ ਗੁਰੁ ਕਰਤਾਰੁ॥	ਚੱਲਸੀ	Jo Aaeiaa So Chalasee Amar S Gur Karathaar ||	Whoever comes must also go. Only the Guru and the Creator are Eternal.	ਜਗਤ ਵਿਚ ਜੋ ਭੀ ਆਇਆ ਹੈ ਉਹ ਆਖ਼ਰ ਚਲਾ ਜਾਇਗਾ, ਮੌਤ-ਰਹਿਤ ਇਕ ਗੁਰੂ ਪਰਮਾਤਮਾ ਹੀ ਹੈ,

2573	63	ਭੀ ਸਚਾ ਸਾਲਾਹਣਾ ਸਾਚੈ ਥਾਨਿ ਪਿਆਰੁ॥੨॥		Bhee Sachaa Saalaahanaa Sachai Thhaan Piaar ||2||	So praise the True One continually, and love His Place of Truth. ||2||	ਤਾਂ ਫਿਰ ਸਤਸੰਗ ਵਿਚ (ਪ੍ਰਭੂ-ਚਰਨਾਂ ਨਾਲ) ਪਿਆਰ ਪਾ ਕੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ (ਬੱਸ! ਇਹੀ ਹੈ ਸੰਸਾਰ-ਸਮੁੰਦਰ ਦੀਆਂ ਵਿਕਾਰ ਲਹਿਰਾਂ ਤੋਂ ਬਚਣ ਦਾ ਤਰੀਕਾ) ॥੨॥
2574	63	ਦਰ ਘਰ ਮਹਲਾ ਸੋਹਣੇ ਪਕੇ ਕੋਟ ਹਜਾਰ॥	ਪੱਕੇ	Dhar Ghar Mehalaa Sohanae Pakae Kott Hajaar ||	Beautiful gates, houses and palaces, solidly built forts,	ਸੋਹਣੇ ਦਰਵਾਜ਼ਿਆਂ ਵਾਲੇ ਸੋਹਣੇ ਘਰ ਤੇ ਮਹੱਲ, ਹਜ਼ਾਰਾਂ ਪੱਕੇ ਕਿਲ੍ਹੇ,
2575	63	ਹਸਤੀ ਘੋੜੇ ਪਾਖਰੇ ਲਸਕਰ ਲਖ ਅਪਾਰ॥		Hasathee Ghorrae Paakharae Lasakar Lakh Apaar ||	Elephants, saddled horses, hundreds of thousands of uncounted armies	ਹਾਥੀ, ਘੋੜੇ, ਕਾਠੀਆਂ, ਲੱਖਾਂ ਤੇ ਬੇਅੰਤ ਲਸ਼ਕਰ-ਇਹਨਾਂ ਵਿਚੋਂ ਕੋਈ ਭੀ ਕਿਸੇ ਦੇ ਨਾਲ ਨਹੀਂ ਗਏ।
2576	63	ਕਿਸ ਹੀ ਨਾਲਿ ਨ ਚਲਿਆ ਖਪਿ ਖਪਿ ਮੁਏ ਅਸਾਰ॥੩॥	ਖਪਿ ਖਪਿ:ਪੋਲੇ ਬੋਲੋ	Kis Hee Naal N Chaliaa Khap Khap Mueae Asaar ||3||	-none of these will go along with anyone in the end, and yet, the fools bother themselves to exhaustion with these, and then die. ||3||	ਬੇਸਮਝ ਐਵੇਂ ਹੀ ਖਪ ਖਪ ਕੇ ਆਤਮਕ ਮੌਤੇ ਮਰਦੇ ਰਹੇ (ਇਹਨਾਂ ਦੀ ਖ਼ਾਤਰ ਆਤਮਕ ਜੀਵਨ ਗਵਾ ਗਏ) ॥੩॥

2577	63	ਸੁਇਨਾ ਰੁਪਾ ਸੰਚੀਐ ਮਾਲੁ ਜਾਲੁ ਜੰਜਾਲੁ॥	ਰੁੱਪਾ	Sueinaa Rupaa Sancheeai Maal Jaal Janjaal ||	You may gather gold and sliver, but wealth is just a net of entanglement.	ਜੇ ਸੋਨਾ ਚਾਂਦੀ ਇਕੱਠਾ ਕਰਦੇ ਜਾਈਏ, ਤਾਂ ਇਹ ਮਾਲ ਧਨ (ਜਿੰਦ ਨੂੰ ਮੋਹ ਵਿਚ ਫਸਾਣ ਲਈ) ਜਾਲ ਬਣਦਾ ਹੈ ਫਾਹੀ ਬਣਦਾ ਹੈ।
2578	63	ਸਭ ਜਗ ਮਹਿ ਦੋਹੀ ਫੇਰੀਐ ਬਿਨੁ ਨਾਵੈ ਸਿਰਿ ਕਾਲੁ॥		Sabh Jag Mehi Dhohee Faereeai Bin Naavai Sir Kaal ||	You may beat the drum and proclaim authority over the whole world, but without the Name, death hovers over your head.	ਜੇ ਆਪਣੀ ਤਾਕਤ ਦੀ ਦੁਹਾਈ ਸਾਰੇ ਜਗਤ ਵਿਚ ਫਿਰਾ ਸਕੀਏ, ਤਾਂ ਭੀ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਸਿਰ ਉੱਤੇ ਮੌਤ ਦਾ ਡਰ (ਕਾਇਮ ਰਹਿੰਦਾ) ਹੈ।
2579	63	ਪਿੰਡੁ ਪੜੈ ਜੀਉ ਖੇਲਸੀ ਬਦਫੈਲੀ ਕਿਆ ਹਾਲੁ॥੪॥	ਪੜੈ: ੜ ਹਲੰਤ ਨ ਲਾਓ। ਖ਼੍ਹੇਲਸੀ	Pindd Parrai Jeeo Khaelasee Badhafailee Kiaa Haal ||4||	When the body falls, the play of life is over; what shall be the condition of the evil-doers then? ||4||	ਜਦੋਂ ਜਿੰਦ ਜ਼ਿੰਦਗੀ ਦੀ ਖੇਡ ਖੇਡ ਜਾਂਦੀ ਹੈ ਤੇ ਸਰੀਰ (ਮਿੱਟੀ ਹੋ ਕੇ) ਢਹਿ ਪੈਂਦਾ ਹੈ, ਤਦੋਂ (ਧਨ ਪਦਾਰਥ ਦੀ ਖ਼ਾਤਰ) ਮੰਦੇ ਕੰਮ ਕਰਨ ਵਾਲਿਆਂ ਦਾ ਭੈੜਾ ਹਾਲ ਹੀ ਹੁੰਦਾ ਹੈ ॥੪॥
2580	63	ਪੁਤਾ ਦੇਖਿ ਵਿਗਸੀਐ ਨਾਰੀ ਸੇਜ ਭਤਾਰ॥	ਪੁੱਤਾਂ। ਵਿਗੱਸੀਐ	Puthaa Dhaekh Vigaseeai Naaree Saej Bhathaar ||	The husband is delighted seeing his sons, and his wife upon his bed.	ਪਿਉ (ਆਪਣੇ) ਪੁੱਤਰਾਂ ਨੂੰ ਵੇਖ ਕੇ ਖ਼ੁਸ਼ ਹੁੰਦਾ ਹੈ, ਖਸਮ (ਆਪਣੀ) ਸੇਜ ਉਤੇ ਇਸਤ੍ਰੀ ਨੂੰ ਵੇਖ ਕੇ ਖਿੜਦਾ ਹੈ।
2581	63	ਚੋਆ ਚੰਦਨੁ ਲਾਈਐ ਕਾਪੜੁ ਰੂਪੁ ਸੀਗਾਰੁ॥		Choaa Chandhan Laaeeai Kaaparr Roop Seegaar ||	He applies sandalwood and scented oils, and dresses himself in his beautiful clothes.	(ਇਸ ਸਰੀਰ ਨੂੰ) ਅਤਰ ਤੇ ਚੰਦਨ ਲਾਈਦਾ ਹੈ। ਸੋਹਣਾ ਕੱਪੜਾ, ਰੂਪ, ਗਹਿਣਾ ਆਦਿਕ (ਵੇਖ ਕੇ ਮਨ ਖ਼ੁਸ਼ ਹੁੰਦਾ ਹੈ);

2582	63	ਖੇਹੂ ਖੇਹ ਰਲਾਈਐ ਛੋਡਿ ਚਲੈ ਘਰ ਬਾਰੁ॥੫॥		Khaehoo Khaeh Ralaaeeai Shhodd Chalai Ghar Baar ||5||	But dust shall mix with dust, and he shall depart, leaving hearth and home behind. ||5||	ਪਰ ਆਖ਼ਰ ਸਰੀਰ ਮਿੱਟੀ ਹੋ ਕੇ ਮਿੱਟੀ ਵਿਚ ਰਲ ਜਾਂਦਾ ਹੈ, ਤੇ ਮਾਣ ਕਰਨ ਵਾਲਾ (ਜੀਵ) ਘਰ ਬਾਰ ਛੱਡ ਕੇ (ਸੰਸਾਰ ਤੋਂ) ਚਲਾ ਜਾਂਦਾ ਹੈ ॥੫॥
2583	63	ਮਹਰ ਮਲੂਕ ਕਹਾਈਐ ਰਾਜਾ ਰਾਉ ਕਿ ਖਾਨੁ॥	(ਮਹਰ) ਮੁਖੀ ਪਰਧਾਨ। (ਮਲੂਕ) ਬਾਦਸ਼ਾਹ। (ਰਾਉ) ਰਾਜਾ। (ਖਾਨੁ) ਅਮੀਰ	Mehar Malook Kehaaeeai Raajaa Raao K Khaan ||	He may be called a chief, an emperor, a king, a governor or a lord;	ਸਰਦਾਰ, ਬਾਦਸ਼ਾਹ, ਰਾਜਾ, ਰਾਉ ਜਾਂ ਖ਼ਾਨ ਅਖਵਾਈਦਾ ਹੈ।
2584	63	ਚਉਧਰੀ ਰਾਉ ਸਦਾਈਐ ਜਲਿ ਬਲੀਐ ਅਭਿਮਾਨ॥		Choudhharee Raao Sadhaaeeai Jal Baleeai Abhimaan ||	He may present himself as a leader or a chief, but this just burns him in the fire of egotistical pride.	(ਆਪਣੇ ਆਪ ਨੂੰ) ਚੌਧਰੀ, ਰਾਇ (ਸਾਹਿਬ ਆਦਿਕ) ਸਦਾਈਦਾ ਹੈ, (ਇਸ ਵਡੱਪਣ ਦੇ) ਅਹੰਕਾਰ ਨਾਲ ਸੜ ਮਰੀਦਾ ਹੈ (ਜੇ ਕੋਈ ਪੂਰਾ ਮਾਣ-ਆਦਰ ਨਾਹ ਕਰੇ)।
2585	63	ਮਨਮੁਖਿ ਨਾਮੁ ਵਿਸਾਰਿਆ ਜਿਉ ਡਵਿ ਦਧਾ ਕਾਨੁ॥੬॥	(ਕਾਨੁ) ਜੰਗਲ ਦੀ (ਡਵਿ) ਅੱਗ। ਕਾਨੁ: ਨ ਹਲੰਤ ਨ ਲਾਉ	Manamukh Naam Visaariaa Jio Ddav Dhadhhaa Kaan ||6||	The self-willed manmukh has forgotten the Naam. He is like straw, burning in the forest fire. ||6||	(ਪਰ ਇਤਨਾ ਕੁਝ ਹੁੰਦਿਆਂ ਭੀ) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੇ ਪਰਮਾਤਮਾ ਦਾ ਨਾਮ ਭੁਲਾ ਦਿੱਤਾ, ਤੇ (ਇਉਂ ਦਿੱਸਿਆ) ਜਿਵੇਂ ਜੰਗਲ ਦੀ ਅੱਗ ਨਾਲ ਸੜਿਆ ਹੋਇਆ ਕਾਨਾ ਹੈ (ਬਾਹਰੋਂ ਚਮਕਦਾ, ਤੇ ਅੰਦਰੋਂ ਸੜ ਕੇ ਕਾਲਾ) ॥੬॥

2586	63	ਹਉਮੈ ਕਰਿ ਕਰਿ ਜਾਇਸੀ ਜੋ ਆਇਆ ਜਗ ਮਾਹਿ॥		Houmai Kar Kar Jaaeisee Jo Aaeiaa Jag Maahi ||	Whoever comes into the world and indulges in ego, must depart.	ਜਗਤ ਵਿਚ ਜੋ ਭੀ ਆਇਆ ਹੈ 'ਮੈਂ ਵੱਡਾ, ਮੈਂ ਵੱਡਾ' ਆਖ ਆਖ ਕੇ (ਆਖ਼ਰ ਇਥੋਂ) ਚਲਾ ਜਾਇਗਾ।
2587	64	ਸਭੁ ਜਗੁ ਕਾਜਲ ਕੋਠੜੀ ਤਨੁ ਮਨੁ ਦੇਹ ਸੁਆਹਿ॥	ਕਾੱਜਲ	Sabh Jag Kaajal Kotharree Than Man Dhaeh Suaahi ||	The whole world is a store-house of lamp-black; the body and mind are blackened with it.	ਇਹ ਸਾਰਾ ਜਗਤ ਕੱਜਲ ਦੀ ਕੋਠੜੀ (ਸਮਾਨ) ਹੈ (ਜੇਹੜਾ ਭੀ ਇਸ ਦੇ ਮੋਹ ਵਿਚ ਫਸਦਾ ਹੈ, ਉਸ ਦਾ) ਤਨ ਮਨ ਸਰੀਰ ਸੁਆਹ ਵਿਚ ਮਿਲ ਜਾਂਦਾ ਹੈ।
2588	64	ਗੁਰਿ ਰਾਖੇ ਸੇ ਨਿਰਮਲੇ ਸਬਦਿ ਨਿਵਾਰੀ ਭਾਹਿ॥੭॥		Gur Raakhae Sae Niramalae Sabadh Nivaaree Bhaahi ||7||	Those who are saved by the Guru are immaculate and pure; through the Word of the Shabad, they extinguish the fire of desire. ||7||	ਗੁਰੂ ਨੇ ਆਪਣੇ ਸ਼ਬਦ ਦੀ ਰਾਹੀਂ ਜਿਨ੍ਹਾਂ ਦੀ ਤ੍ਰਿਸ਼ਨਾ ਅੱਗ ਦੂਰ ਕਰ ਦਿੱਤੀ, ਉਹ (ਇਸ ਕੱਜਲ-ਕੋਠੜੀ ਵਿਚੋਂ) ਸਾਫ਼-ਸੁਥਰੇ ਹੀ ਰਹੇ ॥੭॥
2589	64	ਨਾਨਕ ਤਰੀਐ ਸਚਿ ਨਾਮਿ ਸਿਰਿ ਸਾਹਾ ਪਾਤਿਸਾਹੁ॥		Naanak Thareeai Sach Naam Sir Saahaa Paathisaahu ||	O Nanak, they swim across with the True Name of the Lord, the King above the heads of kings.	ਜੇਹੜਾ ਪਰਮਾਤਮਾ ਸਭ ਸ਼ਾਹਾਂ ਦੇ ਸਿਰ ਉੱਤੇ ਪਾਤਿਸ਼ਾਹ ਹੈ, ਉਸ ਦੇ ਸਦਾ-ਥਿਰ ਨਾਮ ਵਿਚ ਜੁੜ ਕੇ (ਇਸ ਸੰਸਾਰ-ਸਮੁੰਦਰ ਵਿਚੋਂ) ਪਾਰ ਲੰਘੀਦਾ ਹੈ।

2590	64	ਮੈ ਹਰਿ ਨਾਮੁ ਨ ਵੀਸਰੈ ਹਰਿ ਨਾਮੁ ਰਤਨੁ ਵੇਸਾਹੁ॥		Mai Har Naam N Veesarai Har Naam Rathan Vaesaahu ||	May I never forget the Name of the Lord! I have purchased the Jewel of the Lord's Name.	ਹੇ ਨਾਨਕ! (ਅਰਦਾਸ ਕਰ ਕੇ ਆਖ-) ਮੈਨੂੰ ਪਰਮਾਤਮਾ ਦਾ ਨਾਮ ਕਦੇ ਨਾ ਭੁੱਲੇ, ਪਰਮਾਤਮਾ ਦਾ ਨਾਮ-ਰਤਨ ਨਾਮ-ਪੂੰਜੀ (ਮੇਰੇ ਪਾਸ ਸਦਾ-ਥਿਰ ਰਹੇ)।
2591	64	ਮਨਮੁਖ ਭਉਜਲਿ ਪਚਿ ਮੁਏ ਗੁਰਮੁਖਿ ਤਰੇ ਅਥਾਹੁ॥੮॥੧੬॥		Manamukh Bhoujal Pach Mueae Guramukh Tharae Athhaahu ||8||16||	The self-willed manmukhs putrefy and die in the terrifying world-ocean, while the Gurmukhs cross over the bottomless ocean. ||8||16||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਸੰਸਾਰ-ਸਮੁੰਦਰ ਵਿਚ ਖਪ ਖਪ ਕੇ ਆਤਮਕ ਮੌਤੇ ਮਰਦੇ ਹਨ, ਤੇ ਗੁਰੂ ਦੇ ਸਨਮੁਖ ਰਹਿਣ ਵਾਲੇ ਇਸ ਬੇਅੰਤ ਡੂੰਘੇ ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ (ਉਹ ਵਿਕਾਰਾਂ ਦੀਆਂ ਲਹਿਰਾਂ ਵਿਚ ਨਹੀਂ ਡੁੱਬਦੇ) ॥੮॥੧੬॥{63-64}
2592	64	ਸਿਰੀਰਾਗੁ ਮਹਲਾ ੧ ਘਰੁ ੨॥		Sireeraag Mehalaa 1 Ghar 2 ||	Siree Raag, First Mehl, Second House:	
2593	64	ਮੁਕਾਮੁ ਕਰਿ ਘਰਿ ਬੈਸਣਾ ਨਿਤ ਚਲਣੈ ਕੀ ਧੋਖ॥		Mukaam Kar Ghar Baisanaa Nith Chalanai Kee Dhhokh ||	They have made this their resting place and they sit at home, but the urge to depart is always there.	(ਦੁਨੀਆ ਨੂੰ ਆਪਣੇ ਰਹਿਣ ਲਈ) ਪੱਕਾ ਟਿਕਾਣਾ ਸਮਝ ਕੇ ਘਰ ਵਿਚ ਬੈਠ ਜਾਣਾ ਭੀ (ਮਨੁੱਖ ਨੂੰ ਮੌਤ ਵਲੋਂ ਬੇ-ਫ਼ਿਕਰ ਨਹੀਂ ਕਰ ਸਕਦਾ, ਕਿਉਂਕਿ ਇਥੋਂ) ਚਲੇ ਜਾਣ ਦੀ ਚਿੰਤਾ ਤਾਂ ਸਦਾ ਲੱਗੀ ਰਹਿੰਦੀ ਹੈ।

2594	64	ਮੁਕਾਮੁ ਤਾ ਪਰੁ ਜਾਣੀਐ ਜਾ ਰਹੈ ਨਿਹਚਲੁ ਲੋਕ॥੧॥		Mukaam Thaa Par Jaaneeai Jaa Rehai Nihachal Lok ||1||	This would be known as a lasting place of rest, only if they were to remain stable and unchanging. ||1||	ਜਗਤ ਵਿਚ ਜੀਵ ਦਾ ਪੱਕਾ ਟਿਕਾਣਾ ਤਾਂ ਤਦੋਂ ਹੀ ਸਮਝਣਾ ਚਾਹੀਦਾ ਹੈ ਜੇ ਇਹ ਜਗਤ ਭੀ ਸਦਾ ਕਾਇਮ ਰਹਿਣ ਵਾਲਾ ਹੋਵੇ (ਪਰ ਇਹ ਤਾਂ ਸਭ ਕੁਝ ਹੀ ਨਾਸਵੰਤ ਹੈ) ॥੧॥
2595	64	ਦੁਨੀਆ ਕੈਸਿ ਮੁਕਾਮੇ॥		Dhuneeaa Kais Mukaamae ||	What sort of a resting place is this world?	(ਹੇ ਭਾਈ!) ਇਹ ਜਗਤ (ਜੀਵਾਂ ਵਾਸਤੇ) ਸਦਾ ਰਹਿਣ ਵਾਲੀ ਥਾਂ ਨਹੀਂ ਹੋ ਸਕਦਾ।
2596	64	ਕਰਿ ਸਿਦਕੁ ਕਰਣੀ ਖਰਚੁ ਬਾਧਹੁ ਲਾਗਿ ਰਹੁ ਨਾਮੇ॥੧॥ਰਹਾਉ॥		Kar Sidhak Karanee Kharach Baadhhahu Laag Rahu Naamae ||1|| Rehaao ||	Doing deeds of faith, pack up the supplies for your journey, and remain committed to the Name. ||1||Pause||	(ਇਸ ਵਾਸਤੇ ਆਪਣੇ ਹਿਰਦੇ ਵਿਚ) ਸਰਧਾ ਧਾਰ ਕੇ ਉੱਚੇ ਆਤਮਕ ਜੀਵਨ ਨੂੰ (ਆਪਣੇ ਜੀਵਨ ਸਫ਼ਰ ਲਈ) ਖ਼ਰਚ (ਤਿਆਰ ਕਰ ਕੇ ਪੱਲੇ) ਬੰਨ੍ਹ, ਸਦਾ ਪਰਮਾਤਮਾ ਦੇ ਨਾਮ ਵਿਚ ਜੁੜਿਆ ਰਹੁ ॥੧॥ ਰਹਾਉ ॥
2597	64	ਜੋਗੀ ਤ ਆਸਣੁ ਕਰਿ ਬਹੈ ਮੁਲਾ ਬਹੈ ਮੁਕਾਮਿ॥		Jogee Th Aasan Kar Behai Mulaa Behai Mukaam ||	The Yogis sit in their Yogic postures, and the Mullahs sit at their resting stations.	ਜੋਗੀ ਆਸਣ ਜਮਾ ਕੇ ਬੈਠਦਾ ਹੈ। ਸਾਈਂ ਫ਼ਕੀਰ ਤਕੀਏ ਵਿਚ ਡੇਰਾ ਲਾਂਦਾ ਹੈ।

2598	64	ਪੰਡਿਤ ਵਖਾਣਹਿ ਪੋਥੀਆ ਸਿਧ ਬਹਹਿ ਦੇਵ ਸਥਾਨਿ॥੨॥	(ਦੇਵ ਸਥਾਨਿ) ਸੁਮੇਰ ਪਰਬਤ। (ਦੂਜਾ ਪਾਠ: ਦੇਵਸਥਾਨਿ)	Panddith Vakhaanehi Pothheeaa Sidhh Behehi Dhaev Sathhaan ||2||	The Hindu Pandits recite from their books, and the Siddhas sit in the temples of their gods. ||2||	ਪੰਡਿਤ (ਧਰਮ ਅਸਥਾਨਾਂ ਵਿਚ ਬੈਠ ਕੇ) ਧਰਮ-ਪੋਥੀਆਂ (ਹੋਰਨਾਂ ਨੂੰ) ਸੁਣਾਂਦੇ ਹਨ, ਕਰਾਮਾਤੀ ਜੋਗੀ ਸ਼ਿਵ ਆਦਿਕ ਦੇ ਮੰਦਰ ਵਿਚ ਬੈਠਦੇ ਹਨ (ਪਰ ਆਪੇ ਆਪਣੀ ਵਾਰੀ ਸਭ ਜਗਤ ਤੋਂ ਕੂਚ ਕਰਦੇ ਜਾ ਰਹੇ ਹਨ) ॥੨॥
2599	64	ਸੁਰ ਸਿਧ ਗਣ ਗੰਧਰਬ ਮੁਨਿ ਜਨ ਸੇਖ ਪੀਰ ਸਲਾਰ॥	ਗੰ-ਧਰਬ	Sur Sidhh Gan Gandhharab Mun Jan Saekh Peer Salaar ||	The angels, Siddhas, worshippers of Shiva, heavenly musicians, silent sages, Saints, priests, preachers, spiritual teachers and commanders	ਦੇਵਤੇ, ਜੋਗ-ਸਾਧਨਾਂ ਵਿਚ ਪੁੱਗੇ ਜੋਗੀ, (ਸ਼ਿਵਜੀ ਦੇ ਉਪਾਸਕ) ਗਣ, ਦੇਵਤਿਆਂ ਦੇ ਗਵਈਏ, (ਸਮਾਧੀਆਂ ਵਿਚ ਚੁੱਪ ਟਿਕੇ ਰਹਿਣ ਵਾਲੇ) ਮੁਨੀ ਜਨ, ਸੇਖ਼, ਪੀਰ ਅਤੇ ਸਰਦਾਰ (ਅਖਵਾਣ ਵਾਲੇ)
2600	64	ਦਰਿ ਕੂਚ ਕੂਚਾ ਕਰਿ ਗਏ ਅਵਰੇ ਭਿ ਚਲਣਹਾਰ॥੩॥		Dhar Kooch Koochaa Kar Geae Avarae Bh Chalanehaar ||3||	-each and every one has left, and all others shall depart as well. ||3||	ਆਪੇ ਆਪਣੀ ਵਾਰੀ ਸਾਰੇ ਜਗਤ ਤੋਂ ਕੂਚ ਕਰ ਗਏ, (ਜੇਹੜੇ ਐਸ ਵੇਲੇ ਇਥੇ ਦਿੱਸਦੇ ਹਨ) ਇਹ ਭੀ ਸਾਰੇ ਇਥੋਂ ਚਲੇ ਜਾਣ ਵਾਲੇ ਹਨ ॥੩॥
2601	64	ਸੁਲਤਾਨ ਖਾਨ ਮਲੂਕ ਉਮਰੇ ਗਏ ਕਰਿ ਕਰਿ ਕੂਚੁ॥		Sulathaan Khaan Malook Oumarae Geae Kar Kar Kooch ||	The sultans and kings, the rich and the mighty, have marched away in succession.	ਬਾਦਸ਼ਾਹ, ਖਾਨ, ਰਾਜੇ, ਅਮੀਰ, ਵਜ਼ੀਰ, ਆਪਣਾ ਆਪਣਾ ਡੇਰਾ ਕੂਚ ਕਰ ਕੇ ਚਲੇ ਗਏ।

2602	64	ਘੜੀ ਮੁਹਤਿ ਕਿ ਚਲਣਾ ਦਿਲ ਸਮਝੁ ਤੂੰ ਭਿ ਪਹੂਚੁ॥੪॥	ਚੱਲਣਾ	Gharree Muhath K Chalanaa Dhil Samajh Thoon Bh Pehooch ||4||	In a moment or two, we shall also depart. O my heart, understand that you must go as well! ||4||	ਘੜੀ ਦੋ ਘੜੀ ਵਿਚ ਹਰੇਕ ਨੇ ਇਥੋਂ ਚਲੇ ਜਾਣਾ ਹੈ। ਹੇ ਮਨ! ਅਕਲ ਕਰ (ਗ਼ਾਫ਼ਿਲ ਨਾਹ ਹੋ), ਤੂੰ ਭੀ (ਪਰਲੋਕ ਵਿਚ) ਪਹੁੰਚ ਜਾਣਾ ਹੈ ॥੪॥
2603	64	ਸਬਦਾਹ ਮਾਹਿ ਵਖਾਣੀਐ ਵਿਰਲਾ ਤ ਬੂਝੈ ਕੋਇ॥		Sabadhaah Maahi Vakhaaneeai Viralaa Th Boojhai Koe ||	This is described in the Shabads; only a few understand this!	ਜ਼ਬਾਨੀ ਜ਼ਬਾਨੀ ਤਾਂ ਹਰ ਕੋਈ ਆਖਦਾ ਹੈ ਪਰ ਕੋਈ ਵਿਰਲਾ ਹੀ ਯਕੀਨ ਲਿਆਉਂਦਾ ਹੈ (ਕਿ ਹਰੇਕ ਜੀਵ ਨੇ ਇਥੋਂ ਚਲੇ ਜਾਣਾ ਹੈ ਤੇ ਇਥੇ ਸਿਰਫ਼)
2604	64	ਨਾਨਕੁ ਵਖਾਣੈ ਬੇਨਤੀ ਜਲਿ ਥਲਿ ਮਹੀਅਲਿ ਸੋਇ॥੫॥		Naanak Vakhaanai Baenathee Jal Thhal Meheeal Soe ||5||	Nanak offers this prayer to the One who pervades the water, the land and the air. ||5||	ਨਾਨਕ ਬੇਨਤੀ ਕਰਦਾ ਹੈ ਉਹੀ ਪਰਮਾਤਮਾ (ਅਟੱਲ ਰਹਿਣ ਵਾਲਾ ਹੈ ਜੋ) ਜਲ ਵਿਚ ਧਰਤੀ ਵਿਚ ਪੁਲਾੜ ਵਿਚ (ਹਰ ਥਾਂ ਮੌਜੂਦ) ਹੈ ॥੫॥
2605	64	ਅਲਾਹੁ ਅਲਖੁ ਅਗੰਮੁ ਕਾਦਰੁ ਕਰਣਹਾਰੁ ਕਰੀਮੁ॥	(ਕਾਦਰੁ) ਕੁਦਰਤ ਦੇ ਮਾਲਕ ਸਰਬ ਸ਼ਕਤੀਵਾਨ। (ਕਰੀਮੁ) ਸ੍ਰਬ ਵਿਆਪੀ ਮਹਾਂ ਵਿਸਮਾ ਕ੍ਰਿਪਾ ਹੀ ਕ੍ਰਿਪਾ ਕਰਨ ਵਾਲੇ। ਅੱਲਾਹ।ਅ-ਲਖ, ਅ-ਗੰਮੁ: ਪੋਲਾ ਬੋਲੋ	Alaahu Alakh Aganm Kaadhar Karanehaar Kareem ||	He is Allah, the Unknowable, the Inaccessible, All-powerful and Merciful Creator.	ਜੋ ਅੱਲਾਹ (ਅਖਵਾਂਦਾ) ਹੈ, ਜੋ ਅਲੱਖ ਹੈ, ਅਪਹੁੰਚ ਹੈ, ਜੋ ਸਾਰੀ ਕੁਦਰਤਿ ਦਾ ਮਾਲਕ ਹੈ, ਜੋ ਸਾਰੇ ਜਗਤ ਦਾ ਰਚਨਹਾਰ ਹੈ, ਤੇ, ਜੋ ਸਭ ਜੀਵਾਂ ਉੱਤੇ ਰਹਿਮ ਕਰਨ ਵਾਲਾ ਹੈ,

2606	64	ਸਭ ਦੁਨੀ ਆਵਣ ਜਾਵਣੀ ਮੁਕਾਮੁ ਏਕੁ ਰਹੀਮੁ॥੬॥		Sabh Dhunee Aavan Jaavanee Mukaam Eaek Reheem ||6||	All the world comes and goes-only the Merciful Lord is permanent. ||6||	ਸਦਾ ਕਾਇਮ ਰਹਿਣ ਵਾਲਾ ਸਿਰਫ਼ ਇਕ ਉਹ ਹੈ (ਨਹੀਂ ਤਾਂ ਹੋਰ) ਸਾਰੀ ਦੁਨੀਆ ਆਵਣ ਜਾਵਣ ਵਾਲੀ ਹੈ (ਨਾਸਵੰਤ ਹੈ) ॥੬॥
2607	64	ਮੁਕਾਮੁ ਤਿਸ ਨੋ ਆਖੀਐ ਜਿਸੁ ਸਿਸਿ ਨ ਹੋਵੀ ਲੇਖੁ॥	(ਸਿੱਸਿ) ਸਿਰ	Mukaam This No Aakheeai Jis Sis N Hovee Laekh ||	Call permanent only the One, who does not have destiny inscribed upon His Forehead.	ਸਦਾ ਕਾਇਮ ਰਹਿਣ ਵਾਲਾ ਸਿਰਫ਼ ਉਸ ਪਰਮਾਤਮਾ ਨੂੰ ਹੀ ਕਿਹਾ ਜਾ ਸਕਦਾ ਹੈ ਜਿਸ ਦੇ ਸਿਰ ਉੱਤੇ ਮੌਤ ਦਾ ਲੇਖ ਨਹੀਂ ਹੈ।
2608	64	ਅਸਮਾਨੁ ਧਰਤੀ ਚਲਸੀ ਮੁਕਾਮੁ ਓਹੀ ਏਕੁ॥੭॥		Asamaan Dhharathee Chalasee Mukaam Ouhee Eaek ||7||	The sky and the earth shall pass away; He alone is permanent. ||7||	ਇਹ ਆਕਾਸ਼ ਇਹ ਧਰਤੀ ਸਭ ਕੁਝ ਨਾਸਵੰਤ ਹੈ, ਪਰ ਉਹ ਇੱਕ ਪਰਮਾਤਮਾ ਸਦਾ ਅਟੱਲ ਹੈ ॥੭॥
2609	64	ਦਿਨ ਰਵਿ ਚਲੈ ਨਿਸਿ ਸਸਿ ਚਲੈ ਤਾਰਿਕਾ ਲਖ ਪਲੋਇ॥	(ਪਲੋਇ) ਚਲੇ ਜਾਣਗੇ, ਨਾਸ ਹੋ ਜਾਣਗੇ। ਨਿਸਿ, ਸਸਿ:ਪੋਲੇ ਬੋਲੋ। ਚੱਲੈ	Dhin Rav Chalai Nis Sas Chalai Thaarikaa Lakh Paloe ||	The day and the sun shall pass away; the night and the moon shall pass away; the hundreds of thousands of stars shall disappear.	ਹੇ ਨਾਨਕ! ਇਹ ਅਟੱਲ ਬਚਨ ਕਹਿ ਦੇ-ਦਿਨ ਅਤੇ ਸੂਰਜ ਨਾਸਵੰਤ ਹਨ, ਰਾਤ ਅਤੇ ਚੰਦ੍ਰਮਾ ਨਾਸਵੰਤ ਹਨ, (ਇਹ ਦਿੱਸਦੇ) ਲੱਖਾਂ ਹੀ ਤਾਰੇ ਭੀ ਨਾਸ ਹੋ ਜਾਣਗੇ।
2610	64	ਮੁਕਾਮੁ ਓਹੀ ਏਕੁ ਹੈ ਨਾਨਕਾ ਸਚੁ ਬੁਗੋਇ॥੮॥੧੭॥	(ਬੁਗੋਇ) ਕਥਨ ਕਰਦੇ ਹਨ	Mukaam Ouhee Eaek Hai Naanakaa Sach Bugoe ||8||17||	He alone is permanent; Nanak speaks the Truth. ||8||17||	ਸਦਾ ਕਾਇਮ ਰਹਿਣ ਵਾਲਾ ਸਿਰਫ਼ ਇਕ ਪਰਮਾਤਮਾ ਹੀ ਹੈ ॥੮॥੧੭॥

2611	64	ਮਹਲੇ ਪਹਿਲੇ ਸਤਾਰਹ ਅਸਟਪਦੀਆ॥		Mehalae Pehilae Sathaareh Asattapadheeaa ||	Seventeen Ashtapadees Of The First Mehl.	
2612	64	ਸਿਰੀਰਾਗੁ ਮਹਲਾ ੩ ਘਰੁ ੧ ਅਸਟਪਦੀਆ	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Sireeraag Mehalaa 3 Ghar 1 Asattapadheeaa	Siree Raag, Third Mehl, First House, Ashtapadees:	ਰਾਗ ਸਿਰੀਰਾਗੁ, ਘਰ ੧ ਵਿੱਚ ਗੁਰੂ ਅਮਰਦਾਸ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
2613	64	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
2614	64	ਗੁਰਮੁਖਿ ਕ੍ਰਿਪਾ ਕਰੇ ਭਗਤਿ ਕੀਜੈ ਬਿਨੁ ਗੁਰ ਭਗਤਿ ਨ ਹੋਇ॥		Guramukh Kirapaa Karae Bhagath Keejai Bin Gur Bhagath N Hoe ||	By God's Grace, the Gurmukh practices devotion; without the Guru, there is no devotional worship.	ਗੁਰੂ ਦੀ ਸਰਨ ਪਿਆਂ (ਜਦੋਂ) ਪਰਮਾਤਮਾ ਮਿਹਰ ਕਰਦਾ ਹੈ, ਤਾਂ ਉਸ ਦੀ ਭਗਤੀ ਕੀਤੀ ਜਾਂਦੀ ਹੈ। ਗੁਰੂ (ਦੀ ਸਰਨ) ਤੋਂ ਬਿਨਾ (ਪਰਮਾਤਮਾ ਦੀ) ਭਗਤੀ ਨਹੀਂ ਹੋ ਸਕਦੀ।
2615	64	ਆਪੈ ਆਪੁ ਮਿਲਾਏ ਬੂਝੈ ਤਾ ਨਿਰਮਲੁ ਹੋਵੈ ਕੋਇ॥		Aapai Aap Milaaeae Boojhai Thaa Niramal Hovai Koe ||	One who merges his own self into Him understands, and so becomes pure.	ਜਦੋਂ ਕੋਈ ਮਨੁੱਖ (ਗੁਰੂ ਦੇ) ਆਪੇ ਵਿਚ ਆਪਣੇ ਆਪ ਨੂੰ ਮਿਲਾਣਾ ਸਿੱਖ ਲੈਂਦਾ ਹੈ, ਤਾਂ ਉਹ ਪਵਿਤ੍ਰ (ਜੀਵਨ ਵਾਲਾ) ਹੋ ਜਾਂਦਾ ਹੈ।

2616	64	ਹਰਿ ਜੀਉ ਸਚਾ ਸਚੀ ਬਾਣੀ ਸਬਦਿ ਮਿਲਾਵਾ ਹੋਇ॥੧॥		Har Jeeo Sachaa Sachee Baanee Sabadh Milaavaa Hoe ||1||	The Dear Lord is True, and True is the Word of His Bani. Through the Word of the Shabad, Union with Him is obtained. ||1||	ਜੇਹੜਾ ਪਰਮਾਤਮਾ ਸਦਾ-ਥਿਰ ਰਹਿਣ ਵਾਲਾ ਹੈ ਜਿਸ ਦੀ ਸਿਫ਼ਤ-ਸਾਲਾਹ ਦੀ ਬਾਣੀ ਸਦਾ ਅਟੱਲ ਹੈ, ਉਸ ਨਾਲ ਗੁਰੂ ਦੇ ਸ਼ਬਦ ਵਿਚ ਜੁੜਿਆਂ ਮਿਲਾਪ ਹੋ ਜਾਂਦਾ ਹੈ ॥੧॥
2617	64	ਭਾਈ ਰੇ ਭਗਤਿ ਹੀਣੁ ਕਾਹੇ ਜਗਿ ਆਇਆ॥		Bhaaee Rae Bhagathiheen Kaahae Jag Aaeiaa ||	O Siblings of Destiny, without devotion, why have people even come into the world?	ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦੀ ਭਗਤੀ ਤੋਂ ਸਖਣਾ ਰਿਹਾ, ਉਸ ਦਾ ਜਗਤ ਵਿਚ ਆਉਣਾ ਕਿਸ ਅਰਥ?
2618	64	ਪੂਰੇ ਗੁਰ ਕੀ ਸੇਵ ਨ ਕੀਨੀ ਬਿਰਥਾ ਜਨਮੁ ਗਵਾਇਆ॥੧॥ਰਹਾਉ॥		Poorae Gur Kee Saev N Keenee Birathhaa Janam Gavaaeiaa ||1|| Rehaao ||	They have not served the Perfect Guru; they have wasted their lives in vain. ||1||Pause||	ਜਿਸ ਨੇ (ਜਗਤ ਵਿਚ ਆ ਕੇ) ਪੂਰੇ ਗੁਰੂ ਦਾ ਪੱਲਾ ਨਾਹ ਫੜਿਆ, ਉਸ ਨੇ ਆਪਣਾ ਜਨਮ ਵਿਅਰਥ ਗਵਾ ਲਿਆ ॥੧॥ ਰਹਾਉ ॥
2619	64	ਆਪੇ ਹਰਿ ਜਗਜੀਵਨੁ ਦਾਤਾ ਆਪੇ ਬਖਸਿ ਮਿਲਾਏ॥	ਜੱਗਜੀਵਨੁ	Aapae Har Jagajeevan Dhaathaa Aapae Bakhas Milaaeae ||	The Lord Himself, the Life of the World, is the Giver. He Himself forgives, and unites us with Himself.	ਪਰਮਾਤਮਾ ਆਪ ਹੀ ਜਗਤ ਦੇ ਸਾਰੇ ਜੀਵਾਂ ਦੀ ਜ਼ਿੰਦਗੀ ਦਾ ਸਹਾਰਾ ਹੈ ਉਹ ਆਪ ਹੀ ਮਿਹਰ ਕਰ ਕੇ (ਜੀਵਾਂ ਨੂੰ ਆਪਣੇ ਨਾਲ) ਮਿਲਾਂਦਾ ਹੈ।

2620	64	ਜੀਅ ਜੰਤ ਏ ਕਿਆ ਵੇਚਾਰੇ ਕਿਆ ਕੋ ਆਖਿ ਸੁਣਾਏ॥		Jeea Janth Eae Kiaa Vaechaarae Kiaa Ko Aakh Sunaaeae ||	What are these poor beings and creatures? What can they speak and say?	(ਨਹੀਂ ਤਾਂ) ਇਹ ਜੀਵ ਜੰਤ ਵਿਚਾਰੇ ਕੀਹ ਹਨ? (ਭਾਵ, ਇਹਨਾਂ ਦੀ ਕੋਈ ਪਾਂਇਆਂ ਨਹੀਂ ਕਿ ਇਹ ਆਪਣੇ ਉੱਦਮ ਨਾਲ ਪ੍ਰਭੂ-ਚਰਨਾਂ ਵਿਚ ਜੁੜ ਸਕਣ, ਆਪਣੇ ਕਿਸੇ ਅਜਿਹੇ ਉੱਦਮ ਦੀ ਬਾਬਤ) ਕੋਈ ਜੀਵ ਕੀਹ ਆਖ ਕੇ (ਕਿਸੇ ਨੂੰ) ਸੁਣਾ ਸਕਦਾ ਹੈ?
2621	64	ਗੁਰਮੁਖਿ ਆਪੇ ਦੇ ਵਡਿਆਈ ਆਪੇ ਸੇਵ ਕਰਾਏ॥੨॥		Guramukh Aapae Dhae Vaddiaaee Aapae Saev Karaaeae ||2||	God Himself grants glory to the Gurmukhs; He joins them to His Service. ||2||	ਪ੍ਰਭੂ ਆਪ ਹੀ ਗੁਰੂ ਦੀ ਰਾਹੀਂ (ਆਪਣੇ ਨਾਮ ਦੀ) ਵਡਿਆਈ ਦੇਂਦਾ ਹੈ, ਆਪ ਹੀ ਆਪਣੀ ਸੇਵਾ-ਭਗਤੀ ਕਰਾਂਦਾ ਹੈ ॥੨॥
2622	64	ਦੇਖਿ ਕੁਟੰਬੁ ਮੋਹਿ ਲੋਭਾਣਾ ਚਲਦਿਆ ਨਾਲਿ ਨ ਜਾਈ॥		Dhaekh Kuttanb Mohi Lobhaanaa Chaladhiaa Naal N Jaaee ||	Beholding your family, you are lured away by emotional attachment, but when you leave, they will not go with you.	(ਮਨੁੱਖ ਆਪਣੇ) ਪਰਵਾਰ ਨੂੰ ਦੇਖ ਕੇ (ਉਸ ਦੇ) ਮੋਹ ਵਿਚ ਫਸ ਜਾਂਦਾ ਹੈ (ਕਦੇ ਇਹ ਨਹੀਂ ਸਮਝਦਾ ਕਿ ਜਗਤ ਤੋਂ) ਤੁਰਨ ਵੇਲੇ (ਕਿਸੇ ਨੇ ਉਸ ਦੇ) ਨਾਲ ਨਹੀਂ ਜਾਣਾ।
2623	65	ਸਤਿਗੁਰੁ ਸੇਵਿ ਗੁਣ ਨਿਧਾਨੁ ਪਾਇਆ ਤਿਸ ਕੀ ਕੀਮ ਨ ਪਾਈ॥		Sathigur Saev Gun Nidhhaan Paaeiaa This Kee Keem N Paaee ||	Serving the True Guru, I have found the Treasure of Excellence. Its value cannot be estimated.	ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਗੁਣਾਂ ਦਾ ਖ਼ਜ਼ਾਨਾ ਪਰਮਾਤਮਾ ਲੱਭ ਲਿਆ, ਉਸ (ਦੀ ਸੋਭਾ) ਦਾ ਮੁੱਲ ਨਹੀਂ ਪੈ ਸਕਦਾ।

2624	65	ਪ੍ਰਭੁ ਸਖਾ ਹਰਿ ਜੀਉ ਮੇਰਾ ਅੰਤੇ ਹੋਇ ਸਖਾਈ॥੩॥	(ਸਖਾ) ਮਿੱਤ੍ਰ। (ਸਖਾਈ) ਸਹਾਈ	Prabh Sakhaa Har Jeeo Maeraa Anthae Hoe Sakhaaee ||3||	The Dear Lord God is my Best Friend. In the end, He shall be my Companion and Support. ||3||	ਪਿਆਰਾ ਪ੍ਰਭੂ ਜੋ (ਅਸਲ) ਮਿੱਤ੍ਰ ਹੈ ਅੰਤ ਵੇਲੇ (ਜਦੋਂ ਹੋਰ ਸਭ ਸਾਕ-ਅੰਗ ਸਾਥ ਛੱਡ ਦੇਂਦੇ ਹਨ ਉਸ ਦਾ) ਸਾਥੀ ਬਣਦਾ ਹੈ ॥੩॥
2625	65	ਪੇਈਅੜੈ ਜਗਜੀਵਨੁ ਦਾਤਾ ਮਨਮੁਖਿ ਪਤਿ ਗਵਾਈ॥	ਜੱਗਜੀਵਨੁ	Paeeearrai Jagajeevan Dhaathaa Manamukh Path Gavaaee ||	In this world of my father's home, the Great Giver is the Life of the World. The self-willed manmukhs have lost their honor.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੇ (ਇਸ) ਪੇਕੇ ਘਰ ਵਿਚ (ਇਸ ਲੋਕ ਵਿਚ) ਉਸ ਪਰਮਾਤਮਾ ਨੂੰ (ਵਿਸਾਰ ਕੇ) ਜੋ ਸਭ ਦਾਤਾਂ ਦੇਣ ਵਾਲਾ ਹੈ ਤੇ ਜੋ ਜਗਤ ਦੇ ਸਾਰੇ ਜੀਵਾਂ ਦੀ ਜ਼ਿੰਦਗੀ ਦਾ ਸਹਾਰਾ ਹੈ, ਆਪਣੀ ਇਜ਼ਤ ਗਵਾ ਲਈ ਹੈ।
2626	65	ਬਿਨੁ ਸਤਿਗੁਰ ਕੋ ਮਗੁ ਨ ਜਾਨੈ ਅੰਧੇ ਠਉਰ ਨ ਕਾਈ॥	ਮਗੁ:ਪੋਲਾ ਬੋਲੋ ।(ਮਗੁ) ਰਸਤਾ	Bin Sathigur Ko Mag N Jaanai Andhhae Thour N Kaaee ||	Without the True Guru, no one knows the Way. The blind find no place of rest.	ਗੁਰੂ ਦੀ ਸਰਨ ਤੋਂ ਬਿਨਾ ਕੋਈ ਮਨੁੱਖ (ਜੀਵਨ ਦਾ ਸਹੀ) ਰਸਤਾ ਨਹੀਂ ਸਮਝ ਸਕਦਾ, (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਮਨੁੱਖ ਨੂੰ (ਕਿਤੇ) ਕੋਈ ਸਹਾਰਾ ਨਹੀਂ ਮਿਲਦਾ।
2627	65	ਹਰਿ ਸੁਖਦਾਤਾ ਮਨਿ ਨਹੀ ਵਸਿਆ ਅੰਤਿ ਗਇਆ ਪਛੁਤਾਈ॥੪॥	ਗ-ਇਆ	Har Sukhadhaathaa Man Nehee Vasiaa Anth Gaeiaa Pashhuthaaee ||4||	If the Lord, the Giver of Peace, does not dwell within the mind, then they shall depart with regret in the end. ||4||	ਜਿਸ ਮਨੁੱਖ ਦੇ ਮਨ ਵਿਚ ਸਾਰੇ ਸੁੱਖ ਦੇਣ ਵਾਲਾ ਪਰਮਾਤਮਾ ਨਹੀਂ ਵੱਸਦਾ, ਉਹ ਅੰਤ ਵੇਲੇ ਇਥੋਂ ਪਛੁਤਾਂਦਾ ਜਾਂਦਾ ਹੈ ॥੪॥

2628	65	ਪੇਈਅੜੈ ਜਗਜੀਵਨੁ ਦਾਤਾ ਗੁਰਮਤਿ ਮੰਨਿ ਵਸਾਇਆ॥		Paeeearrai Jagajeevan Dhaathaa Guramath Mann Vasaaeiaa ||	In this world of my father's house, through the Guru's Teachings, I have cultivated within my mind the Great Giver, the Life of the World.	ਜਿਨ੍ਹਾਂ ਮਨੁੱਖਾਂ ਨੇ ਇਸ ਜੀਵਨ ਵਿਚ ਹੀ ਜਗਤ ਦੇ ਜੀਵਨ ਤੇ ਦਾਤਾਰ ਪ੍ਰਭੂ ਨੂੰ ਗੁਰੂ ਦੀ ਮਤਿ ਲੈ ਕੇ ਆਪਣੇ ਮਨ ਵਿਚ ਵਸਾਇਆ ਹੈ,
2629	65	ਅਨਦਿਨੁ ਭਗਤਿ ਕਰਹਿ ਦਿਨੁ ਰਾਤੀ ਹਉਮੈ ਮੋਹੁ ਚੁਕਾਇਆ॥	(ਅਨਦਿਨੁ) ਇੱਕਰਸ	Anadhin Bhagath Karehi Dhin Raathee Houmai Mohu Chukaaeiaa ||	Night and day, performing devotional worship, day and night, ego and emotional attachment are removed.	ਉਹ ਦਿਨ ਰਾਤ ਹਰ ਵੇਲੇ ਪਰਮਾਤਮਾ ਦੀ ਭਗਤੀ ਕਰਦੇ ਹਨ, ਉਹ (ਆਪਣੇ ਅੰਦਰੋਂ) ਹਉਮੈ ਤੇ ਮਾਇਆ ਦਾ ਮੋਹ ਦੂਰ ਕਰ ਲੈਂਦੇ ਹਨ।
2630	65	ਜਿਸੁ ਸਿਉ ਰਾਤਾ ਤੈਸੋ ਹੋਵੈ ਸਚੇ ਸਚਿ ਸਮਾਇਆ॥੫॥		Jis Sio Raathaa Thaiso Hovai Sachae Sach Samaaeiaa ||5||	And then, attuned to Him, we become like Him, truly absorbed in the True One. ||5||	(ਇਹ ਇਕ ਕੁਦਰਤੀ ਨਿਯਮ ਹੈ ਕਿ ਜੇਹੜਾ ਮਨੁੱਖ) ਜਿਸ ਦੇ ਪ੍ਰੇਮ ਵਿਚ ਰੰਗਿਆ ਜਾਂਦਾ ਹੈ ਉਹ ਉਸੇ ਵਰਗਾ ਹੋ ਜਾਂਦਾ ਹੈ (ਸੋ, ਸਦਾ-ਥਿਰ ਪ੍ਰਭੂ ਦੇ ਪ੍ਰੇਮ ਵਿਚ ਰੱਤਾ ਹੋਇਆ ਮਨੁੱਖ) ਸਦਾ-ਥਿਰ ਪ੍ਰਭੂ ਵਿਚ ਹੀ ਲੀਨ ਰਹਿੰਦਾ ਹੈ ॥੫॥
2631	65	ਆਪੇ ਨਦਰਿ ਕਰੇ ਭਾਉ ਲਾਏ ਗੁਰ ਸਬਦੀ ਬੀਚਾਰਿ॥		Aapae Nadhar Karae Bhaao Laaeae Gur Sabadhee Beechaar ||	Bestowing His Glance of Grace, He gives us His Love, and we contemplate the Word of the Guru's Shabad.	ਜਿਸ ਮਨੁੱਖ ਉੱਤੇ ਪ੍ਰਭੂ ਆਪ ਹੀ ਮਿਹਰ ਦੀ ਨਿਗਾਹ ਕਰਦਾ ਹੈ, ਉਸ ਦੇ ਅੰਦਰ ਆਪਣਾ ਪਿਆਰ ਪੈਦਾ ਕਰਦਾ ਹੈ, ਤੇ ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਪ੍ਰਭੂ ਦੇ ਗੁਣਾਂ ਦੀ) ਵਿਚਾਰ ਕਰਦਾ ਹੈ।

2632	65	ਸਤਿਗੁਰੁ ਸੇਵਿਐ ਸਹਜੁ ਊਪਜੈ ਹਉਮੈ ਤ੍ਰਿਸਨਾ ਮਾਰਿ॥		Sathigur Saeviai Sehaj Oopajai Houmai Thrisanaa Maar ||	Serving the True Guru, intuitive peace wells up, and ego and desire die.	ਸਤਿਗੁਰੂ ਦੀ ਸਰਨ ਪਿਆਂ ਹਉਮੈ ਮਾਰ ਕੇ ਤੇ ਮਾਇਆ ਦੀ ਤ੍ਰਿਸ਼ਨਾ ਮੁਕਾ ਕੇ ਆਤਮਕ ਅਡੋਲਤਾ ਪੈਦਾ ਹੁੰਦੀ ਹੈ।
2633	65	ਹਰਿ ਗੁਣਦਾਤਾ ਸਦ ਮਨਿ ਵਸੈ ਸਚੁ ਰਖਿਆ ਉਰ ਧਾਰਿ॥੬॥		Har Gunadhaathaa Sadh Man Vasai Sach Rakhiaa Our Dhhaar ||6||	The Lord, the Giver of Virtue, dwells forever within the minds of those who keep Truth enshrined within their hearts. ||6||	(ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ) ਸਾਰੇ ਗੁਣਾਂ ਦਾ ਦਾਤਾ ਪਰਮਾਤਮਾ ਸਦਾ ਉਸ ਦੇ ਮਨ ਵਿਚ ਵੱਸਦਾ ਹੈ, ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਉਹ ਮਨੁੱਖ ਆਪਣੇ ਹਿਰਦੇ ਵਿਚ ਟਿਕਾਈ ਰੱਖਦਾ ਹੈ ॥੬॥
2634	65	ਪ੍ਰਭੁ ਮੇਰਾ ਸਦਾ ਨਿਰਮਲਾ ਮਨਿ ਨਿਰਮਲਿ ਪਾਇਆ ਜਾਇ॥		Prabh Maeraa Sadhaa Niramalaa Man Niramal Paaeiaa Jaae ||	My God is forever Immaculate and Pure; with a pure mind, He can be found.	ਪਿਆਰਾ ਪਰਮਾਤਮਾ ਸਦਾ ਹੀ ਪਵਿੱਤ੍ਰ-ਸਰੂਪ ਰਹਿੰਦਾ ਹੈ (ਇਸ ਵਾਸਤੇ) ਪਵਿਤ੍ਰ ਮਨ ਦੀ ਰਾਹੀਂ ਹੀ ਉਸ ਨੂੰ ਮਿਲਿਆ ਜਾ ਸਕਦਾ ਹੈ।
2635	65	ਨਾਮੁ ਨਿਧਾਨੁ ਹਰਿ ਮਨਿ ਵਸੈ ਹਉਮੈ ਦੁਖੁ ਸਭੁ ਜਾਇ॥		Naam Nidhhaan Har Man Vasai Houmai Dhukh Sabh Jaae ||	If the Treasure of the Name of the Lord abides within the mind, egotism and pain are totally eliminated.	ਪਰਮਾਤਮਾ ਦਾ ਨਾਮ (ਜੋ ਸਾਰੇ ਗੁਣਾਂ ਦਾ) ਖ਼ਜਾਨਾ (ਹੈ) ਜਿਸ ਮਨੁੱਖ ਦੇ ਮਨ ਵਿਚ ਵੱਸ ਪੈਂਦਾ ਹੈ, ਉਸ ਦਾ ਸਾਰੇ ਦਾ ਸਾਰਾ ਹਉਮੈ ਦਾ ਦੁੱਖ ਦੂਰ ਹੋ ਜਾਂਦਾ ਹੈ।

2636	65	ਸਤਿਗੁਰਿ ਸਬਦੁ ਸੁਣਾਇਆ ਹਉ ਸਦ ਬਲਿਹਾਰੈ ਜਾਉ॥੭॥		Sathigur Sabadh Sunaaeiaa Ho Sadh Balihaarai Jaao ||7||	The True Guru has instructed me in the Word of the Shabad. I am forever a sacrifice to Him. ||7||	ਮੈਂ (ਉਸ ਭਾਗਾਂ ਵਾਲੇ ਮਨੁੱਖ ਤੋਂ) ਸਦਾ ਕੁਰਬਾਨ ਜਾਂਦਾ ਹਾਂ, ਜਿਸ ਨੂੰ ਸਤਿਗੁਰੂ ਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਸ਼ਬਦ ਸੁਣਾ ਦਿੱਤਾ ਹੈ (ਭਾਵ, ਜਿਸਦੀ ਸੁਰਤ ਗੁਰੂ ਨੇ ਸਿਫ਼ਤ-ਸਾਲਾਹ ਵਿਚ ਜੋੜ ਦਿੱਤੀ ਹੈ) ॥੭॥
2637	65	ਆਪਨੈ ਮਨਿ ਚਿਤਿ ਕਹੈ ਕਹਾਏ ਬਿਨੁ ਗੁਰ ਆਪੁ ਨ ਜਾਈ॥		Aapanai Man Chith Kehai Kehaaeae Bin Gur Aap N Jaaee ||	Within your own conscious mind, you may say anything, but without the Guru, selfishness and conceit are not eradicated.	(ਬੇਸ਼ਕ ਕੋਈ ਮਨੁੱਖ) ਆਪਣੇ ਮਨ ਵਿਚ ਆਪਣੇ ਚਿੱਤ ਵਿਚ (ਇਹ) ਆਖੇ (ਕਿ ਮੈਂ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲਿਆ ਹੈ, ਹੋਰਨਾਂ ਪਾਸੋਂ ਭੀ ਇਹ ਅਖਵਾ ਲਏ (ਕਿ ਇਸ ਨੇ ਆਪਾ-ਭਾਵ ਦੂਰ ਕਰ ਲਿਆ ਹੈ, ਪਰ) ਗੁਰੂ ਦੀ ਸਰਨ ਪੈਣ ਤੋਂ ਬਿਨਾ ਆਪਾ-ਭਾਵ ਦੂਰ ਨਹੀਂ ਹੁੰਦਾ।
2638	65	ਹਰਿ ਜੀਉ ਭਗਤਿ ਵਛਲੁ ਸੁਖਦਾਤਾ ਕਰਿ ਕਿਰਪਾ ਮੰਨਿ ਵਸਾਈ॥		Har Jeeo Bhagath Vashhal Sukhadhaathaa Kar Kirapaa Mann Vasaaee ||	The Dear Lord is the Lover of His devotees, the Giver of Peace. By His Grace, He abides within the mind.	ਪਰਮਾਤਮਾ (ਆਪਣੀ) ਭਗਤੀ ਨਾਲ ਪਿਆਰ ਕਰਨ ਵਾਲਾ ਹੈ, (ਜੀਵਾਂ ਨੂੰ) ਸਾਰੇ ਸੁਖ ਦੇਣ ਵਾਲਾ ਹੈ, ਜਿਸ ਮਨੁੱਖ ਉੱਤੇ ਉਹ ਕਿਰਪਾ ਕਰਦਾ ਹੈ ਉਹ ਹੀ (ਉਸ ਨੂੰ ਆਪਣੇ) ਮਨ ਵਿਚ ਵਸਾਂਦਾ ਹੈ।

2639	65	ਨਾਨਕ ਸੋਭਾ ਸੁਰਤਿ ਦੇਇ ਪ੍ਰਭੁ ਆਪੇ ਗੁਰਮੁਖਿ ਦੇ ਵਡਿਆਈ॥੮॥੧॥ ੧੮॥		Naanak Sobhaa Surath Dhaee Prabh Aapae Guramukh Dhae Vaddiaaee ||8||1||18||	O Nanak, God blesses us with the sublime awakening of consciousness; He Himself grants glorious greatness to the Gurmukh. ||8||1||18||	ਹੇ ਨਾਨਕ! ਪਰਮਾਤਮਾ (ਜੀਵ ਨੂੰ) ਗੁਰੂ ਦੀ ਸਰਨ ਪਾ ਕੇ ਆਪ ਹੀ (ਸਿਫ਼ਤ-ਸਾਲਾਹ ਵਾਲੀ) ਸੁਰਤ ਬਖ਼ਸ਼ਦਾ ਹੈ ਤੇ ਫਿਰ ਆਪ ਹੀ ਉਸ ਨੂੰ (ਲੋਕ ਪਰਲੋਕ ਵਿਚ) ਸੋਭਾ ਤੇ ਵਡਿਆਈ ਦੇਂਦਾ ਹੈ ॥੮॥੧॥੧੮॥{64-65}
2640	65	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
2641	65	ਹਉਮੈ ਕਰਮ ਕਮਾਵਦੇ ਜਮ ਡੰਡੁ ਲਗੈ ਤਿਨ ਆਇ॥		Houmai Karam Kamaavadhae Jamaddandd Lagai Thin Aae ||	Those who go around acting in egotism are struck down by the Messenger of Death with his club.	ਜੇਹੜੇ ਮਨੁੱਖ (ਕੋਈ ਮਿਥੇ ਹੋਏ ਧਾਰਮਿਕ) ਕੰਮ ਕਰਦੇ ਹਨ (ਤੇ ਇਹ) ਹਉਮੈ (ਭੀ) ਕਰਦੇ ਹਨ (ਕਿ ਅਸੀਂ ਧਾਰਮਿਕ ਕੰਮ ਕਰਦੇ ਹਾਂ), ਉਹਨਾਂ (ਦੇ ਸਿਰ) ਉੱਤੇ ਜਮ ਦਾ ਡੰਡਾ ਆ ਕੇ ਵੱਜਦਾ ਹੈ।
2642	65	ਜਿ ਸਤਿਗੁਰੁ ਸੇਵਨਿ ਸੇ ਉਬਰੇ ਹਰਿ ਸੇਤੀ ਲਿਵ ਲਾਇ॥੧॥		J Sathigur Saevan Sae Oubarae Har Saethee Liv Laae ||1||	Those who serve the True Guru are uplifted and saved, in love with the Lord. ||1||	(ਪਰ) ਜੇਹੜੇ ਮਨੁੱਖ ਗੁਰੂ ਦਾ ਆਸਰਾ ਲੈਂਦੇ ਹਨ, ਉਹ ਪ੍ਰਭੂ (-ਚਰਨਾਂ) ਵਿਚ ਸੁਰਤ ਜੋੜ ਕੇ (ਇਸ ਮਾਰ ਤੋਂ) ਬਚ ਜਾਂਦੇ ਹਨ ॥੧॥
2643	65	ਮਨ ਰੇ ਗੁਰਮੁਖਿ ਨਾਮੁ ਧਿਆਇ॥		Man Rae Guramukh Naam Dhhiaae ||	O mind, become Gurmukh, and meditate on the Naam, the Name of the Lord.	ਹੇ (ਮੇਰੇ) ਮਨ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰ।

2644	65	ਧੁਰਿ ਪੂਰਬਿ ਕਰਤੈ ਲਿਖਿਆ ਤਿਨਾ ਗੁਰਮਤਿ ਨਾਮਿ ਸਮਾਇ॥੧॥ਰਹਾਉ॥		Dhhur Poorab Karathai Likhiaa Thinaa Guramath Naam Samaae ||1|| Rehaao ||	Those who are so pre-destined by the Creator are absorbed into the Naam, through the Guru's Teachings. ||1||Pause||	(ਨਾਮ ਬੜੀ ਦੁਰਲੱਭ ਦਾਤ ਹੈ) ਗੁਰੂ ਦੀ ਸਿੱਖਿਆ ਤੇ ਤੁਰ ਕੇ ਉਹਨਾਂ ਬੰਦਿਆਂ ਦੀ ਹੀ (ਪ੍ਰਭੂ ਦੇ) ਨਾਮ ਵਿਚ ਲੀਨਤਾ ਹੁੰਦੀ ਹੈ, ਜਿਨ੍ਹਾਂ ਦੇ ਮੱਥੇ ਉੱਤੇ ਕਰਤਾਰ ਨੇ ਧੁਰੋਂ ਹੀ ਉਹਨਾਂ ਦੀ ਪਹਿਲੇ ਜਨਮ ਦੀ ਕੀਤੀ ਨੇਕ ਕਮਾਈ ਅਨੁਸਾਰ ਲੇਖ ਲਿਖ ਦਿੱਤਾ ਹੈ ॥੧॥ ਰਹਾਉ ॥
2645	65	ਵਿਣੁ ਸਤਿਗੁਰ ਪਰਤੀਤਿ ਨ ਆਵਈ ਨਾਮਿ ਨ ਲਾਗੋ ਭਾਉ॥		Vin Sathigur Paratheeth N Aavee Naam N Laago Bhaao ||	Without the True Guru, faith does not come, and love for the Naam is not embraced.	ਗੁਰੂ (ਦੀ ਸਰਨ ਪੈਣ) ਤੋਂ ਬਿਨਾ (ਮਨੁੱਖ ਦੇ ਮਨ ਵਿਚ ਪਰਮਾਤਮਾ ਵਾਸਤੇ) ਸਰਧਾ ਪੈਦਾ ਨਹੀਂ ਹੁੰਦੀ, ਨਾਹ ਪਰਮਾਤਮਾ ਦੇ ਨਾਮ ਵਿਚ ਉਸ ਦਾ ਪਿਆਰ ਬਣਦਾ ਹੈ।
2646	65	ਸੁਪਨੈ ਸੁਖੁ ਨ ਪਾਵਈ ਦੁਖ ਮਹਿ ਸਵੈ ਸਮਾਇ॥੨॥		Supanai Sukh N Paavee Dhukh Mehi Savai Samaae ||2||	Even in dreams, they find no peace; they sleep immersed in pain. ||2||	(ਤੇ ਨਤੀਜਾ ਇਹ ਨਿਕਲਦਾ ਹੈ ਕਿ ਉਸ ਨੂੰ) ਸੁਪਨੇ ਵਿਚ ਵੀ ਸੁਖ ਨਸੀਬ ਨਹੀਂ ਹੁੰਦਾ, ਉਹ ਸਦਾ ਦੁੱਖਾਂ ਵਿਚ ਹੀ ਘਿਰਿਆ ਰਹਿੰਦਾ ਹੈ ॥੨॥

2647	65	ਜੇ ਹਰਿ ਹਰਿ ਕੀਚੈ ਬਹੁਤੁ ਲੋਚੀਐ ਕਿਰਤੁ ਨ ਮੇਟਿਆ ਜਾਇ॥		Jae Har Har Keechai Bahuth Locheeai Kirath N Maettiaa Jaae ||	Even if you chant the Name of the Lord, Har, Har, with great longing, your past actions are still not erased.	(ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਵਾਸਤੇ) ਜੇ ਇਹ ਬੜੀ ਤਾਂਘ ਭੀ ਕਰੀਏ ਕਿ ਉਹ ਪਰਮਾਤਮਾ ਦਾ ਸਿਮਰਨ ਕਰੇ (ਤਾਂ ਭੀ ਇਸ ਤਾਂਘ ਤੇ ਪ੍ਰੇਰਨਾ ਵਿਚ ਸਫਲਤਾ ਨਹੀਂ ਹੁੰਦੀ, ਕਿਉਂਕਿ ਪਿਛਲੇ ਜਨਮਾਂ ਵਿਚ) ਕੀਤੇ ਕਰਮਾਂ ਦਾ ਪ੍ਰਭਾਵ ਮਿਟਾਇਆ ਨਹੀਂ ਜਾ ਸਕਦਾ।
2648	65	ਹਰਿ ਕਾ ਭਾਣਾ ਭਗਤੀ ਮੰਨਿਆ ਸੇ ਭਗਤ ਪਏ ਦਰਿ ਥਾਇ॥੩॥		Har Kaa Bhaanaa Bhagathee Manniaa Sae Bhagath Peae Dhar Thhaae ||3||	The Lord's devotees surrender to His Will; those devotees are accepted at His Door. ||3||	ਭਗਤ ਜਨ ਹੀ ਪਰਮਾਤਮਾ ਦੀ ਰਜ਼ਾ ਨੂੰ ਪਰਵਾਨ ਕਰਦੇ ਹਨ, ਉਹ ਭਗਤ ਹੀ ਪਰਮਾਤਮਾ ਦੇ ਦਰ ਤੇ ਕਬੂਲ ਹੁੰਦੇ ਹਨ ॥੩॥
2649	65	ਗੁਰੁ ਸਬਦੁ ਦਿੜਾਵੈ ਰੰਗ ਸਿਉ ਬਿਨੁ ਕਿਰਪਾ ਲਇਆ ਨ ਜਾਇ॥		Gur Sabadh Dhirraavai Rang Sio Bin Kirapaa Laeiaa N Jaae ||	The Guru has lovingly implanted the Word of His Shabad within me. Without His Grace, it cannot be attained.	ਗੁਰੂ ਪ੍ਰੇਮ ਨਾਲ (ਆਪਣਾ) ਸ਼ਬਦ (ਸਰਨ ਆਏ ਮਨੁੱਖ ਦੇ ਹਿਰਦੇ ਵਿਚ) ਪੱਕਾ ਕਰਦਾ ਹੈ, ਪਰ (ਗੁਰੂ ਭੀ ਪਰਮਾਤਮਾ ਦੀ) ਕਿਰਪਾ ਤੋਂ ਬਿਨਾ ਨਹੀਂ ਮਿਲਦਾ।
2650	65	ਜੇ ਸਉ ਅੰਮ੍ਰਿਤੁ ਨੀਰੀਐ ਭੀ ਬਿਖੁ ਫਲੁ ਲਾਗੈ ਧਾਇ॥੪॥		Jae So Anmrith Neereeai Bhee Bikh Fal Laagai Dhhaae ||4||	Even if the poisonous plant is watered with ambrosial nectar a hundred times, it will still bear poisonous fruit. ||4||	(ਗੁਰੂ ਤੋਂ ਬੇਮੁਖ ਮਨੁੱਖ, ਮਾਨੋ, ਇਕ ਐਸਾ ਰੁੱਖ ਹੈ ਕਿ) ਜੇ ਉਸ ਨੂੰ ਸੌ ਵਾਰੀ ਭੀ ਅੰਮ੍ਰਿਤ ਸਿੰਜੀਏ ਤਾਂ ਭੀ ਉਸ ਨੂੰ ਜ਼ਹਰ ਦਾ ਫਲ ਹੀ ਛੇਤੀ ਲੱਗਦਾ ਹੈ ॥੪॥

2651	65	ਸੇ ਜਨ ਸਚੇ ਨਿਰਮਲੇ ਜਿਨਿ ਸਤਿਗੁਰ ਨਾਲਿ ਪਿਆਰੁ॥		Sae Jan Sachae Niramalae Jin Sathigur Naal Piaar ||	Those humble beings who are in love with the True Guru are pure and true.	ਉਹੀ ਮਨੁੱਖ ਸਦਾ ਲਈ ਪਵਿਤ੍ਰ ਜੀਵਨ ਵਾਲੇ ਰਹਿੰਦੇ ਹਨ ਜਿਨ੍ਹਾਂ ਦਾ ਗੁਰੂ ਨਾਲ ਪਿਆਰ (ਟਿਕਿਆ ਰਹਿੰਦਾ) ਹੈ।
2652	65	ਸਤਿਗੁਰ ਕਾ ਭਾਣਾ ਕਮਾਵਦੇ ਬਿਖੁ ਹਉਮੈ ਤਜਿ ਵਿਕਾਰੁ॥੫॥		Sathigur Kaa Bhaanaa Kamaavadhae Bikh Houmai Thaj Vikaar ||5||	They act in harmony with the Will of the True Guru; they shed the poison of ego and corruption. ||5||	ਉਹ ਮਨੁੱਖ ਆਪਣੇ ਅੰਦਰੋਂ ਹਉਮੈ ਦਾ ਜ਼ਹਰ ਹਉਮੈ ਦਾ ਵਿਕਾਰ ਦੂਰ ਕਰ ਕੇ ਗੁਰੂ ਦੀ ਰਜ਼ਾ ਅਨੁਸਾਰ ਜੀਵਨ ਬਿਤਾਂਦੇ ਹਨ ॥੫॥
2653	65	ਮਨ ਹਠਿ ਕਿਤੈ ਉਪਾਇ ਨ ਛੂਟੀਐ ਸਿਮ੍ਰਿਤਿ ਸਾਸਤ੍ਰ ਸੋਧਹੁ ਜਾਇ॥	ਸਿਮ੍ਰਿਤਿ: ਮ ਮੁਕਤਾ ਬੋਲੋ, ਅੱਧੇ ਰਾਰੇ ਨੂੰ ਸਿਹਾਰੀ ਲਾ ਕੇ,ਪੋਲਾ ਬੋਲੋ, ਸਿਹਾਰੀ ਤੱਤੇ ਨੂੰ ਭੀ ਲਾਉ। ਹਠਿ, ਕਿਤੈ: ਪੋਲੇ ਬੋਲੋ	Manehath Kithai Oupaae N Shhootteeai Simrith Saasathr Sodhhahu Jaae ||	Acting in stubborn-mindedness, no one is saved; go and study the Simritees and the Shaastras.	(ਹੇ ਭਾਈ!) ਬੇ-ਸ਼ੱਕ ਤੁਸੀ ਸ਼ਾਸਤ੍ਰਾਂ ਸਿਮ੍ਰਿਤੀਆਂ (ਆਦਿਕ ਧਰਮ ਪੁਸਤਕਾਂ) ਨੂੰ ਗਹੁ ਨਾਲ ਪੜ੍ਹ ਕੇ ਵੇਖ ਲਵੋ, ਆਪਣੇ ਮਨ ਦੇ ਹਠ ਨਾਲ ਕੀਤੇ ਹੋਏ ਕਿਸੇ ਭੀ ਤਰੀਕੇ ਨਾਲ (ਹਉਮੈ ਦੇ ਜ਼ਹਰ ਤੋਂ) ਬਚ ਨਹੀਂ ਸਕੀਦਾ।
2654	65	ਮਿਲਿ ਸੰਗਤਿ ਸਾਧੂ ਉਬਰੇ ਗੁਰ ਕਾ ਸਬਦੁ ਕਮਾਇ॥੬॥		Mil Sangath Saadhhoo Oubarae Gur Kaa Sabadh Kamaae ||6||	Joining the Saadh Sangat, the Company of the Holy, and practicing the Shabads of the Guru, you shall be saved. ||6||	ਗੁਰੂ ਦੇ ਸ਼ਬਦ ਅਨੁਸਾਰ ਜੀਵਨ ਬਣਾ ਕੇ ਗੁਰੂ ਦੀ ਸੰਗਤਿ ਵਿਚ ਮਿਲ ਕੇ ਹੀ (ਮਨੁੱਖ ਹਉਮੈ ਦੇ ਵਿਕਾਰ ਤੋਂ) ਬਚਦੇ ਹਨ ॥੬॥

2655	65	ਹਰਿ ਕਾ ਨਾਮੁ ਨਿਧਾਨੁ ਹੈ ਜਿਸੁ ਅੰਤੁ ਨ ਪਾਰਾਵਾਰੁ॥		Har Kaa Naam Nidhhaan Hai Jis Anth N Paaraavaar ||	The Name of the Lord is the Treasure, which has no end or limitation.	ਜਿਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਜਿਸ ਪਰਮਾਤਮਾ ਦੀ ਹਸਤੀ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ, ਉਸ ਦਾ ਨਾਮ (ਸਭ ਪਦਾਰਥਾਂ ਦਾ ਗੁਣਾਂ ਦਾ) ਖ਼ਜ਼ਾਨਾ ਹੈ।
2656	65	ਗੁਰਮੁਖਿ ਸੇਈ ਸੋਹਦੇ ਜਿਨ ਕਿਰਪਾ ਕਰੇ ਕਰਤਾਰੁ॥੭॥		Guramukh Saeee Sohadhae Jin Kirapaa Karae Karathaar ||7||	The Gurmukhs are beauteous; the Creator has blessed them with His Mercy. ||7||	ਗੁਰੂ ਦੀ ਸਰਨ ਪੈ ਕੇ ਉਹੀ ਮਨੁੱਖ (ਇਹ ਖ਼ਜ਼ਾਨਾ ਹਾਸਲ ਕਰਦੇ ਹਨ ਤੇ) ਸੋਹਣੇ ਜੀਵਨ ਵਾਲੇ ਬਣਦੇ ਹਨ, ਜਿਨ੍ਹਾਂ ਉੱਤੇ ਪਰਮਾਤਮਾ ਆਪ ਕਿਰਪਾ ਕਰਦਾ ਹੈ ॥੭॥
2657	65	ਨਾਨਕ ਦਾਤਾ ਏਕੁ ਹੈ ਦੂਜਾ ਅਉਰੁ ਨ ਕੋਇ॥		Naanak Dhaathaa Eaek Hai Dhoojaa Aour N Koe ||	O Nanak, the One Lord alone is the Giver; there is no other at all.	ਹੇ ਨਾਨਕ! (ਗੁਰੂ ਹੀ ਪਰਮਾਤਮਾ ਦੇ ਨਾਮ ਦੀ) ਦਾਤ ਦੇਣ ਵਾਲਾ ਹੈ, ਕੋਈ ਹੋਰ ਨਹੀਂ (ਜੋ ਇਹ ਦਾਤ ਦੇ ਸਕੇ।)
2658	65	ਗੁਰ ਪਰਸਾਦੀ ਪਾਈਐ ਕਰਮਿ ਪਰਾਪਤਿ ਹੋਇ॥੮॥੨॥੧੯॥		Gur Parasaadhee Paaeeai Karam Paraapath Hoe ||8||2||19||	By Guru's Grace, He is obtained. By His Mercy, He is found. ||8||2||19||	(ਪਰਮਾਤਮਾ ਦਾ ਨਾਮ) ਗੁਰੂ ਦੀ ਕਿਰਪਾ ਨਾਲ ਹੀ ਮਿਲਦਾ ਹੈ, ਪਰਮਾਤਮਾ ਦੀ ਬਖ਼ਸ਼ਸ਼ ਨਾਲ ਮਿਲਦਾ ਹੈ ॥੮॥੨॥੧੯॥
2659	66	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	

2660	66	ਪੰਖੀ ਬਿਰਖਿ ਸੁਹਾਵੜਾ ਸਚੁ ਚੁਗੈ ਗੁਰ ਭਾਇ॥		Pankhee Birakh Suhaavarraa Sach Chugai Gur Bhaae ||	The soul-bird in the beautiful tree of the body pecks at Truth, with love for the Guru.	ਜੇਹੜਾ ਜੀਵ-ਪੰਛੀ ਇਸ ਸਰੀਰ-ਰੁੱਖ ਵਿਚ ਬੈਠਾ ਹੋਇਆ ਗੁਰੂ ਦੇ ਪ੍ਰੇਮ ਵਿਚ ਰਹਿ ਕੇ ਸਦਾ-ਥਿਰ ਪ੍ਰਭੂ ਦਾ ਨਾਮ-ਚੋਗਾ ਚੁਗਦਾ ਹੈ, ਉਹ ਸੋਹਣੇ ਜੀਵਨ ਵਾਲਾ ਹੋ ਜਾਂਦਾ ਹੈ।
2661	66	ਹਰਿ ਰਸੁ ਪੀਵੈ ਸਹਜਿ ਰਹੈ ਉਡੈ ਨ ਆਵੈ ਜਾਇ॥		Har Ras Peevai Sehaj Rehai Ouddai N Aavai Jaae ||	She drinks in the Sublime Essence of the Lord, and abides in intuitive ease; she does not fly around coming and going.	ਉਹ ਪਰਮਾਤਮਾ ਦੇ ਨਾਮ ਦਾ ਰਸ ਪੀਂਦਾ ਹੈ, ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ (ਮਾਇਕ ਪਦਾਰਥਾਂ ਦੇ ਚੋਗੇ ਵਲ) ਭਟਕਦਾ ਨਹੀਂ ਫਿਰਦਾ, (ਇਸ ਵਾਸਤੇ) ਜਨਮ ਮਰਨ ਦੇ ਗੇੜ ਤੋਂ ਬਚਿਆ ਰਹਿੰਦਾ ਹੈ।
2662	66	ਨਿਜ ਘਰਿ ਵਾਸਾ ਪਾਇਆ ਹਰਿ ਹਰਿ ਨਾਮਿ ਸਮਾਇ॥੧॥		Nij Ghar Vaasaa Paaeiaa Har Har Naam Samaae ||1||	She obtains her home within her own heart; she is absorbed into the Name of the Lord, Har, Har. ||1||	ਉਸ ਨੂੰ ਆਪਣੇ (ਅਸਲ) ਘਰ ਵਿਚ (ਪ੍ਰਭੂ-ਚਰਨਾਂ ਵਿਚ) ਨਿਵਾਸ ਮਿਲਿਆ ਰਹਿੰਦਾ ਹੈ, ਉਹ ਸਦਾ ਪ੍ਰਭੂ ਦੇ ਨਾਮ ਵਿਚ ਲੀਨ ਰਹਿੰਦਾ ਹੈ ॥੧॥
2663	66	ਮਨ ਰੇ ਗੁਰ ਕੀ ਕਾਰ ਕਮਾਇ॥		Man Rae Gur Kee Kaar Kamaae ||	O mind, work to serve the Guru.	ਹੇ ਮੇਰੇ ਮਨ! ਗੁਰੂ ਦੀ ਦੱਸੀ ਕਾਰ ਕਰ।

2664	66	ਗੁਰ ਕੈ ਭਾਣੈ ਜੇ ਚਲਹਿ ਤਾ ਅਨ ਦਿਨੁ ਰਾਚਹਿ ਹਰਿ ਨਾਇ॥੧॥ਰਹਾਉ॥		Gur Kai Bhaanai Jae Chalehi Thaa Anadhin Raachehi Har Naae ||1|| Rehaao ||	If you walk in harmony with the Guru's Will, you shall remain immersed in the Lord's Name, night and day. ||1||Pause||	ਜੇ ਤੂੰ ਗੁਰੂ ਦੇ ਹੁਕਮ ਵਿਚ ਤੁਰੇਂਗਾ, ਤਾਂ ਤੂੰ ਹਰ ਵੇਲੇ ਪਰਮਾਤਮਾ ਦੇ ਨਾਮ ਵਿਚ ਜੁੜਿਆ ਰਹੇਂਗਾ ॥੧॥ ਰਹਾਉ ॥
2665	66	ਪੰਖੀ ਬਿਰਖ ਸੁਹਾਵੜੇ ਊਡਹਿ ਚਹੁ ਦਿਸਿ ਜਾਹਿ॥		Pankhee Birakh Suhaavarrae Ooddehi Chahu Dhis Jaahi ||	The birds in the beautiful trees fly around in all four directions.	ਜੇਹੜੇ ਜੀਵ-ਪੰਛੀ (ਆਪੋ ਆਪਣੇ) ਸਰੀਰ ਰੁੱਖਾਂ ਉੱਤੇ (ਬੈਠੇ ਵੇਖਣ ਨੂੰ ਤਾਂ) ਸੋਹਣੇ ਲੱਗਦੇ ਹਨ (ਪਰ ਮਾਇਕ ਪਦਾਰਥਾਂ ਦੇ ਚੋਗੇ ਪਿੱਛੇ) ਉੱਡਦੇ ਫਿਰਦੇ ਹਨ, ਚੌਹੀਂ ਪਾਸੀਂ ਭਟਕਦੇ ਹਨ।
2666	66	ਜੇਤਾ ਊਡਹਿ ਦੁਖ ਘਣੇ ਨਿਤ ਦਾਝਹਿ ਤੈ ਬਿਲਲਾਹਿ॥		Jaethaa Ooddehi Dhukh Ghanae Nith Dhaajhehi Thai Bilalaahi ||	The more they fly around, the more they suffer; they burn and cry out in pain.	ਉਹ ਜਿਤਨਾ ਹੀ (ਚੋਗੇ ਪਿੱਛੇ) ਉੱਡਦੇ ਹਨ, ਉਤਨਾ ਹੀ ਵਧੀਕ ਦੁੱਖ ਸਹਾਰਦੇ ਹਨ, ਸਦਾ ਖਿੱਝਦੇ ਹਨ ਤੇ ਵਿਲਕਦੇ ਹਨ।
2667	66	ਬਿਨੁ ਗੁਰ ਮਹਲੁ ਨ ਜਾਪਈ ਨਾ ਅੰਮ੍ਰਿਤ ਫਲ ਪਾਹਿ॥੨॥		Bin Gur Mehal N Jaapee Naa Anmrith Fal Paahi ||2||	Without the Guru, they do not find the Mansion of the Lord's Presence, and they do not obtain the Ambrosial Fruit. ||2||	ਗੁਰੂ ਦੀ ਸਰਨ ਤੋਂ ਬਿਨਾ ਉਹਨਾਂ ਨੂੰ (ਪਰਮਾਤਮਾ ਦਾ) ਟਿਕਾਣਾ ਦਿੱਸਦਾ ਨਹੀਂ, ਨਾਹ ਹੀ ਉਹ ਆਤਮਕ ਜੀਵਨ ਦੇਣ ਵਾਲਾ ਨਾਮ-ਫਲ ਪ੍ਰਾਪਤ ਕਰ ਸਕਦੇ ਹਨ ॥੨॥

2668	66	ਗੁਰਮੁਖਿ ਬ੍ਰਹਮੁ ਹਰੀਆਵਲਾ ਸਾਚੈ ਸਹਜਿ ਸੁਭਾਇ॥	ਹਰੀ-ਆਵਲਾ: ਬਿਹਾਰੀ ਦੱਬ ਕੇ ਬੋਲੋ	Guramukh Breham Hareeaavalaa Saachai Sehaj Subhaae ||	The Gurmukh is like God's tree, always green, blessed with the Sublime Love of the True One, with intuitive peace and poise.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪਰਮਾਤਮਾ ਦਾ ਰੂਪ ਹੋ ਜਾਂਦਾ ਹੈ, ਉਹ, ਮਾਨੋ, ਇਕ ਹਰਾ-ਭਰਾ ਰੁੱਖ ਹੈ। (ਉਹ ਵਡਭਾਗੀ ਮਨੁੱਖ) ਸਦਾ-ਥਿਰ ਪ੍ਰਭੂ ਵਿਚ ਜੁੜਿਆ ਰਹਿੰਦਾ ਹੈ, ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ਪ੍ਰਭੂ ਦੇ ਪ੍ਰੇਮ ਵਿਚ ਮਗਨ ਰਹਿੰਦਾ ਹੈ।
2669	66	ਸਾਖਾ ਤੀਨਿ ਨਿਵਾਰੀਆ ਏਕ ਸਬਦਿ ਲਿਵ ਲਾਇ॥	ਸੱਖਾ	Saakhaa Theen Nivaareeaa Eaek Sabadh Liv Laae ||	He cuts off the three branches of the three qualities, and embraces love for the One Word of the Shabad.	ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਸੁਰਤ ਜੋੜ ਕੇ (ਮਾਇਆ ਦੇ ਤਿੰਨ ਰੂਪ) ਤਿੰਨ ਟਹਣੀਆਂ ਉਸ ਨੇ ਦੂਰ ਕਰ ਲਈਆਂ ਹੋਈਆਂ ਹਨ।
2670	66	ਅੰਮ੍ਰਿਤ ਫਲੁ ਹਰਿ ਏਕੁ ਹੈ ਆਪੇ ਦੇਇ ਖਵਾਇ॥੩॥		Anmrith Fal Har Eaek Hai Aapae Dhaee Khavaae ||3||	The Lord alone is the Ambrosial Fruit; He Himself gives it to us to eat. ||3||	ਉਸ ਨੂੰ ਆਤਮਕ ਜੀਵਨ ਦੇਣ ਵਾਲਾ ਸਿਰਫ਼ ਇਕ ਨਾਮ-ਫਲ ਲੱਗਦਾ ਹੈ। (ਪ੍ਰਭੂ ਮਿਹਰ ਕਰ ਕੇ) ਆਪ ਹੀ (ਉਸ ਨੂੰ ਇਹ ਫਲ) ਚਖਾ ਦੇਂਦਾ ਹੈ ॥੩॥

2671	66	ਮਨਮੁਖ ਊਭੇ ਸੁਕਿ ਗਏ ਨਾ ਫਲੁ ਤਿੰਨਾ ਛਾਉ॥	ਸੁੱਕਿ	Manamukh Oobhae Suk Geae Naa Fal Thinnaa Shhaao ||	The self-willed manmukhs stand there and dry up; they do not bear any fruit, and they do not provide any shade.	(ਪਰ) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ, ਮਾਨੋ, ਉਹ ਰੁੱਖ ਹਨ ਜੋ ਖਲੋਤੇ ਖਲੋਤੇ ਹੀ ਸੁੱਕ ਗਏ ਹਨ, ਉਹਨਾਂ ਨੂੰ ਨਾਹ ਹੀ ਫਲ ਲਗਦਾ ਹੈ, ਨਾਹ ਹੀ ਉਹਨਾਂ ਦੀ ਛਾਂ ਹੁੰਦੀ ਹੈ, (ਭਾਵ, ਨਾਹ ਹੀ ਉਹਨਾਂ ਪਾਸ ਪ੍ਰਭੂ ਦਾ ਨਾਮ ਹੈ, ਤੇ ਨਾਹ ਹੀ ਉਹ ਕਿਸੇ ਦੀ ਸੇਵਾ ਕਰਦੇ ਹਨ)।
2672	66	ਤਿੰਨਾ ਪਾਸਿ ਨ ਬੈਸੀਐ ਓਨਾ ਘਰੁ ਨ ਗਿਰਾਉ॥	ਤਿੰਨ੍ਹਾਂ	Thinnaa Paas N Baiseeai Ounaa Ghar N Giraao ||	Don't even bother to sit near them-they have no home or village.	ਉਹਨਾਂ ਦੇ ਪਾਸ ਬੈਠਣਾ ਨਹੀਂ ਚਾਹੀਦਾ, ਉਹਨਾਂ ਦਾ ਕੋਈ ਘਰ-ਘਾਟ ਨਹੀਂ ਹੈ (ਉਹਨਾਂ ਨੂੰ ਕੋਈ ਆਤਮਕ ਸਹਾਰਾ ਨਹੀਂ ਮਿਲਦਾ)।
2673	66	ਕਟੀਅਹਿ ਤੈ ਨਿਤ ਜਾਲੀਅਹਿ ਓਨਾ ਸਬਦੁ ਨ ਨਾਉ॥੪॥	ਜਾਲੀ-ਅਹਿ	Katteeahi Thai Nith Jaaleeahi Ounaa Sabadh N Naao ||4||	They are cut down and burnt each day; they have neither the Shabad, nor the Lord's Name. ||4||	ਉਹ (ਮਨਮੁਖ ਰੁੱਖ) ਸਦਾ ਕੱਟੀਦੇ ਹਨ ਤੇ ਸਾੜੀਦੇ ਹਨ (ਭਾਵ, ਮਾਇਆ ਦੇ ਮੋਹ ਦੇ ਕਾਰਨ ਉਹ ਨਿੱਤ ਦੁਖੀ ਰਹਿੰਦੇ ਹਨ), ਉਹਨਾਂ ਪਾਸ ਨਾਹ ਪ੍ਰਭੂ ਦੀ ਸਿਫ਼ਤ-ਸਾਲਾਹ ਹੈ ਨਾਹ ਪ੍ਰਭੂ ਦਾ ਨਾਮ ਹੈ ॥੪॥

2674	66	ਹੁਕਮੇ ਕਰਮ ਕਮਾਵਣੇ ਪਇਐ ਕਿਰਤਿ ਫਿਰਾਉ॥		Hukamae Karam Kamaavanae Paeiai Kirath Firaao ||	According to the Lord's Command, people perform their actions; they wander around, driven by the karma of their past actions.	(ਪਰ ਹੇ ਪ੍ਰਭੂ! ਜੀਵਾਂ ਦੇ ਕੀਹ ਵੱਸ? ਤੇਰੇ) ਹੁਕਮ ਵਿਚ ਹੀ (ਜੀਵ) ਕਰਮ ਕਮਾਂਦੇ ਹਨ, (ਤੇਰੇ ਹੁਕਮ ਵਿਚ ਹੀ) ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਉਹਨਾਂ ਨੂੰ ਜਨਮ ਮਰਨ ਦਾ ਫੇਰ ਪਿਆ ਰਹਿੰਦਾ ਹੈ।
2675	66	ਹੁਕਮੇ ਦਰਸਨੁ ਦੇਖਣਾ ਜਹ ਭੇਜਹਿ ਤਹ ਜਾਉ॥		Hukamae Dharasan Dhaekhanaa Jeh Bhaejehi Theh Jaao ||	By the Lord's Command, they behold the Blessed Vision of His Darshan. Wherever He sends them, there they go.	ਤੇਰੇ ਹੁਕਮ ਅਨੁਸਾਰ ਹੀ ਕਈ ਜੀਵਾਂ ਨੂੰ ਤੇਰਾ ਦਰਸ਼ਨ ਪ੍ਰਾਪਤ ਹੋ ਜਾਂਦਾ ਹੈ, ਜਿੱਧਰ ਤੂੰ ਭੇਜਦਾ ਹੈਂ ਉਧਰ ਜੀਵਾਂ ਨੂੰ ਜਾਣਾ ਪੈਂਦਾ ਹੈ।
2676	66	ਹੁਕਮੇ ਹਰਿ ਹਰਿ ਮਨਿ ਵਸੈ ਹੁਕਮੇ ਸਚਿ ਸਮਾਉ॥੫॥		Hukamae Har Har Man Vasai Hukamae Sach Samaao ||5||	By His Command, the Lord, Har, Har, abides within our minds; by His Command we merge in Truth. ||5||	ਤੇਰੇ ਹੁਕਮ ਅਨੁਸਾਰ ਹੀ ਕਈ ਜੀਵਾਂ ਦੇ ਮਨ ਵਿਚ ਤੇਰਾ ਹਰਿ ਨਾਮ ਵੱਸਦਾ ਹੈ, ਤੇਰੇ ਹੁਕਮ ਵਿਚ ਹੀ ਤੇਰੇ ਸਦਾ-ਥਿਰ ਸਰੂਪ ਵਿਚ ਉਹਨਾਂ ਦੀ ਲੀਨਤਾ ਰਹਿੰਦੀ ਹੈ ॥੫॥
2677	66	ਹੁਕਮੁ ਨ ਜਾਣਹਿ ਬਪੁੜੇ ਭੂਲੇ ਫਿਰਹਿ ਗਵਾਰ॥	ਬੱਪੁੜੇ। ਤੁੱਛ	Hukam N Jaanehi Bapurrae Bhoolae Firehi Gavaar ||	The wretched fools do not know the Lord's Will; they wander around making mistakes.	ਕਈ ਐਸੇ ਵਿਚਾਰੇ ਮੂਰਖ ਹਨ ਜੋ ਪਰਮਾਤਮਾ ਦਾ ਹੁਕਮ ਨਹੀਂ ਸਮਝਦੇ, ਉਹ (ਮਾਇਆ ਦੇ ਮੋਹ ਦੇ ਕਾਰਨ) ਕੁਰਾਹੇ ਪੈ ਕੇ ਭਟਕਦੇ ਫਿਰਦੇ ਹਨ।

2678	66	ਮਨ ਹਠਿ ਕਰਮ ਕਮਾਵਦੇ ਨਿਤ ਨਿਤ ਹੋਹਿ ਖੁਆਰੁ॥		Manehath Karam Kamaavadhae Nith Nith Hohi Khuaar ||	They go about their business stubborn-mindedly; they are disgraced forever and ever.	ਉਹ (ਗੁਰੂ ਦਾ ਆਸਰਾ ਛੱਡ ਕੇ ਆਪਣੇ) ਮਨ ਦੇ ਹਠ ਨਾਲ (ਕਈ ਕਿਸਮ ਦੇ ਮਿਥੇ ਹੋਏ ਧਾਰਮਿਕ) ਕਰਮ ਕਰਦੇ ਹਨ, (ਪਰ ਵਿਕਾਰਾਂ ਵਿਚ ਫਸੇ ਹੋਏ) ਸਦਾ ਖ਼ੁਆਰ ਹੁੰਦੇ ਰਹਿੰਦੇ ਹਨ।
2679	66	ਅੰਤਰਿ ਸਾਂਤਿ ਨ ਆਵਈ ਨਾ ਸਚਿ ਲਗੈ ਪਿਆਰੁ॥੬॥		Anthar Saanth N Aavee Naa Sach Lagai Piaar ||6||	Inner peace does not come to them; they do not embrace love for the True Lord. ||6||	ਉਹਨਾਂ ਦੇ ਮਨ ਵਿਚ ਸ਼ਾਂਤੀ ਨਹੀਂ ਆਉਂਦੀ, ਨਾਹ ਹੀ ਉਹਨਾਂ ਦਾ ਸਦਾ-ਥਿਰ ਪ੍ਰਭੂ ਵਿਚ ਪਿਆਰ ਬਣਦਾ ਹੈ ॥੬॥
2680	66	ਗੁਰਮੁਖੀਆ ਮੁਹ ਸੋਹਣੇ ਗੁਰ ਕੈ ਹੇਤਿ ਪਿਆਰਿ॥	(ਗੁਰਮੁਖੀਆ) ਗਰੁਮੁਖਾਂ ਦੇ	Guramukheeaa Muh Sohanae Gur Kai Haeth Piaar ||	Beautiful are the faces of the Gurmukhs, who bear love and affection for the Guru.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਦੇ ਮੂੰਹ (ਨਾਮ ਦੀ ਲਾਲਗੀ ਨਾਲ) ਸੋਹਣੇ ਲੱਗਦੇ ਹਨ, ਕਿਉਂਕਿ ਉਹ ਗੁਰੂ ਦੇ ਪ੍ਰੇਮ ਵਿਚ ਗੁਰੂ ਦੇ ਪਿਆਰ ਵਿਚ ਟਿਕੇ ਰਹਿੰਦੇ ਹਨ।
2681	66	ਸਚੀ ਭਗਤੀ ਸਚਿ ਰਤੇ ਦਰਿ ਸਚੈ ਸਚਿਆਰ॥		Sachee Bhagathee Sach Rathae Dhar Sachai Sachiaar ||	Through true devotional worship, they are attuned to Truth; at the True Door, they are found to be true.	ਉਹ ਪ੍ਰਭੂ ਦੀ ਸਦਾ-ਥਿਰ ਰਹਿਣ ਵਾਲੀ ਭਗਤੀ ਕਰਦੇ ਹਨ, ਉਹ ਸਦਾ-ਥਿਰ ਪ੍ਰਭੂ (ਦੇ ਪ੍ਰੇਮ-ਰੰਗ) ਵਿਚ ਰੰਗੇ ਰਹਿੰਦੇ ਹਨ, (ਇਸ ਵਾਸਤੇ ਉਹ) ਸਦਾ-ਥਿਰ ਪ੍ਰਭੂ ਦੇ ਦਰ ਤੇ ਸੁਰਖ਼ਰੂ ਹੁੰਦੇ ਹਨ।

2682	66	ਆਏ ਸੇ ਪਰਵਾਣੁ ਹੈ ਸਭ ਕੁਲ ਕਾ ਕਰਹਿ ਉਧਾਰੁ॥੭॥		Aaeae Sae Paravaan Hai Sabh Kul Kaa Karehi Oudhhaar ||7||	Blessed is their coming into being; they redeem all their ancestors. ||7||	ਉਹਨਾਂ ਬੰਦਿਆਂ ਦਾ ਹੀ ਜਗਤ ਵਿਚ ਆਉਣਾ ਕਬੂਲ ਹੈ, ਉਹ ਆਪਣੀ ਸਾਰੀ ਕੁਲ ਦਾ ਭੀ ਪਾਰ-ਉਤਾਰਾ ਕਰ ਲੈਂਦੇ ਹਨ ॥੭॥
2683	66	ਸਭ ਨਦਰੀ ਕਰਮ ਕਮਾਵਦੇ ਨਦਰੀ ਬਾਹਰਿ ਨ ਕੋਇ॥	ਬਾ-ਹਰਿ: ਹ ਮੁਕਤਾ, ਰ ਸਿਹਾਰੀ ਲਾ ਕੇ	Sabh Nadharee Karam Kamaavadhae Nadharee Baahar N Koe ||	All do their deeds under the Lord's Glance of Grace; no one is beyond His Vision.	(ਪਰ ਜੀਵਾਂ ਦੇ ਵੱਸ ਦੀ ਗੱਲ ਨਹੀਂ) ਸਾਰੇ ਜੀਵ ਪਰਮਾਤਮਾ ਦੀ ਨਿਗਾਹ ਅਨੁਸਾਰ ਹੀ ਕਰਮ ਕਰਦੇ ਹਨ, ਉਸ ਦੀ ਨਿਗਾਹ ਤੋਂ ਬਾਹਰ ਕੋਈ ਜੀਵ ਨਹੀਂ (ਭਾਵ, ਕੋਈ ਜੀਵ ਪਰਮਾਤਮਾ ਤੋਂ ਆਕੀ ਹੋ ਕੇ ਕੁਝ ਨਹੀਂ ਕਰ ਸਕਦਾ)।
2684	66	ਜੈਸੀ ਨਦਰਿ ਕਰਿ ਦੇਖੈ ਸਚਾ ਤੈਸਾ ਹੀ ਕੋ ਹੋਇ॥		Jaisee Nadhar Kar Dhaekhai Sachaa Thaisaa Hee Ko Hoe ||	According to the Glance of Grace with which the True Lord beholds us, so do we become.	ਸਦਾ-ਥਿਰ ਰਹਿਣ ਵਾਲਾ ਪ੍ਰਭੂ ਜਿਹੋ ਜਿਹੀ ਨਿਗਾਹ ਕਰ ਕੇ ਕਿਸੇ ਜੀਵ ਵਲ ਵੇਖਦਾ ਹੈ, ਉਹ ਜੀਵ ਉਹੋ ਜਿਹਾ ਬਣ ਜਾਂਦਾ ਹੈ।
2685	66	ਨਾਨਕ ਨਾਮਿ ਵਡਾਈਆ ਕਰਮਿ ਪਰਾਪਤਿ ਹੋਇ॥੮॥੩॥੨੦॥		Naanak Naam Vaddaaeeaa Karam Paraapath Hoe ||8||3||20||	O Nanak, the Glorious Greatness of the Naam, the Name of the Lord, is received only by His Mercy. ||8||3||20||	ਹੇ ਨਾਨਕ! (ਉਸ ਦੀ ਮਿਹਰ ਦੀ ਨਜ਼ਰ ਨਾਲ ਜੇਹੜਾ ਮਨੁੱਖ ਉਸ ਦੇ ਨਾਮ ਵਿਚ (ਜੁੜਦਾ ਹੈ, ਉਸ ਨੂੰ) ਵਡਿਆਈਆਂ ਮਿਲਦੀਆਂ ਹਨ। ਪਰ ਉਸ ਦਾ ਨਾਮ ਉਸ ਦੀ ਬਖ਼ਸ਼ਸ਼ ਨਾਲ ਹੀ ਮਿਲਦਾ ਹੈ ॥੮॥੩॥੨੦॥

2686	66	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
2687	66	ਗੁਰਮੁਖਿ ਨਾਮੁ ਧਿਆਈਐ ਮਨਮੁਖਿ ਬੂਝ ਨ ਪਾਇ॥		Guramukh Naam Dhhiaaeeai Manamukh Boojh N Paae ||	The Gurmukhs meditate on the Naam; the self-willed manmukhs do not understand.	ਗੁਰੂ ਦੀ ਸਰਨ ਪਿਆਂ (ਹੀ) ਪਰਮਾਤਮਾ ਦਾ ਨਾਮ ਸਿਮਰਿਆ ਜਾ ਸਕਦਾ ਹੈ, ਆਪਣੇ ਮਨ ਦੇ ਪਿੱਛੇ ਤੁਰਿਆਂ (ਸਿਮਰਨ ਦੀ) ਸੂਝ ਨਹੀਂ ਪੈਂਦੀ।
2688	66	ਗੁਰਮੁਖਿ ਸਦਾ ਮੁਖ ਊਜਲੇ ਹਰਿ ਵਸਿਆ ਮਨਿ ਆਇ॥		Guramukh Sadhaa Mukh Oojalae Har Vasiaa Man Aae ||	The faces of the Gurmukhs are always radiant; the Lord has come to dwell within their minds.	ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ (ਲੋਕ ਪਰਲੋਕ ਵਿਚ) ਸਦਾ ਸੁਰਖ਼ਰੂ ਰਹਿੰਦੇ ਹਨ, ਉਹਨਾਂ ਦੇ ਮਨ ਵਿਚ ਪਰਮਾਤਮਾ ਆ ਵੱਸਦਾ ਹੈ (ਤੇ ਉਹਨਾਂ ਦੇ ਅੰਦਰ ਆਤਮਕ ਅਡੋਲਤਾ ਬਣ ਜਾਂਦੀ ਹੈ)।
2689	66	ਸਹਜੇ ਹੀ ਸੁਖੁ ਪਾਈਐ ਸਹਜੇ ਰਹੈ ਸਮਾਇ॥੧॥		Sehajae Hee Sukh Paaeeai Sehajae Rehai Samaae ||1||	Through intuitive understanding they are at peace, and through intuitive understanding they remain absorbed in the Lord. ||1||	ਆਤਮਕ ਅਡੋਲਤਾ ਦੀ ਰਾਹੀਂ ਹੀ ਆਤਮਕ ਆਨੰਦ ਮਿਲਦਾ ਹੈ। (ਗੁਰੂ ਦੀ ਸਰਨ ਪਿਆਂ ਮਨੁੱਖ ਸਦਾ) ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ॥੧॥
2690	66	ਭਾਈ ਰੇ ਦਾਸਨਿ ਦਾਸਾ ਹੋਇ॥		Bhaaee Rae Dhaasan Dhaasaa Hoe ||	O Siblings of Destiny, be the slaves of the Lord's slaves.	ਹੇ ਭਾਈ! ਪਰਮਾਤਮਾ ਦੇ ਸੇਵਕਾਂ ਦਾ ਸੇਵਕ ਬਣ,

2691	66	ਗੁਰ ਕੀ ਸੇਵਾ ਗੁਰ ਭਗਤਿ ਹੈ ਵਿਰਲਾ ਪਾਏ ਕੋਇ॥੧॥ਰਹਾਉ॥		Gur Kee Saevaa Gur Bhagath Hai Viralaa Paaeae Koe ||1|| Rehaao ||	Service to the Guru is worship of the Guru. How rare are those who obtain it! ||1||Pause||	ਇਹੀ ਹੈ ਗੁਰੂ ਦੀ (ਦੱਸੀ) ਸੇਵਾ, ਇਹ ਹੈ ਗੁਰੂ ਦੀ (ਦੱਸੀ) ਭਗਤੀ। (ਇਹ ਦਾਤਿ) ਕਿਸੇ ਵਿਰਲੇ (ਭਾਗਾਂ ਵਾਲੇ) ਨੂੰ ਮਿਲਦੀ ਹੈ ॥੧॥ ਰਹਾਉ ॥
2692	66	ਸਦਾ ਸੁਹਾਗੁ ਸੁਹਾਗਣੀ ਜੇ ਚਲਹਿ ਸਤਿਗੁਰ ਭਾਇ॥	(ਸੁਹਾਗਣੀ) ਸਤਿਗੁਰਾਂ ਦੇ ਸਦਾ ਅਨੁਸਾਰੀ ਚਲਦੀ ਜੇ, ਇਸ ਲਈ ਸਦਾ ਸੁਹਾਗ ਅਨੰਦ ਪ੍ਰਾਪਤ ਹੈ	Sadhaa Suhaag Suhaaganee Jae Chalehi Sathigur Bhaae ||	The happy soul-bride is always with her Husband Lord, if she walks in harmony with the Will of the True Guru.	ਜੇਹੜੀਆਂ ਜੀਵ-ਇਸਤ੍ਰੀਆਂ ਗੁਰੂ ਦੇ ਪ੍ਰੇਮ ਵਿਚ (ਟਿਕ ਕੇ ਜੀਵਨ-ਰਾਹ ਤੇ) ਤੁਰਦੀਆਂ ਹਨ, ਉਹ ਪਰਮਾਤਮਾ-ਪਤੀ ਦੀ ਪ੍ਰਸੰਨਤਾ ਦੀ ਸੁਭਾਗਤਾ ਵਾਲੀਆਂ ਬਣ ਜਾਂਦੀਆਂ ਹਨ, ਉਹਨਾਂ ਦੀ ਇਹ ਸੁਭਾਗਤਾ ਸਦਾ ਕਾਇਮ ਰਹਿੰਦੀ ਹੈ।
2693	66	ਸਦਾ ਪਿਰੁ ਨਿਹਚਲੁ ਪਾਈਐ ਨਾ ਓਹੁ ਮਰੈ ਨ ਜਾਇ॥		Sadhaa Pir Nihachal Paaeeai Naa Ouhu Marai N Jaae ||	She attains her Eternal, Ever-stable Husband, who never dies or goes away.	(ਗੁਰੂ ਦੀ ਸਰਨ ਪਿਆਂ) ਉਹ ਪਤੀ-ਪ੍ਰਭੂ ਮਿਲ ਪੈਂਦਾ ਹੈ ਜੋ ਸਦਾ ਅਟੱਲ ਹੈ, ਜੋ ਨਾਹ ਮਰਦਾ ਹੈ ਨਾਹ ਕਦੇ ਜੰਮਦਾ ਹੈ।
2694	66	ਸਬਦਿ ਮਿਲੀ ਨਾ ਵੀਛੁੜੈ ਪਿਰ ਕੈ ਅੰਕਿ ਸਮਾਇ॥੨॥		Sabadh Milee Naa Veeshhurrai Pir Kai Ank Samaae ||2||	United with the Word of the Shabad, she shall not be separated again. She is immersed in the Lap of her Beloved. ||2||	ਜੇਹੜੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਦੀ ਰਾਹੀਂ ਉਸ ਪ੍ਰਭੂ ਵਿਚ ਮਿਲਦੀ ਹੈ, ਉਹ ਮੁੜ ਉਸ ਤੋਂ ਵਿੱਛੁੜਦੀ ਨਹੀਂ, ਉਹ ਸਦਾ ਪ੍ਰਭੂ-ਪਤੀ ਦੀ ਗੋਦ ਵਿਚ ਸਮਾਈ ਰਹਿੰਦੀ ਹੈ ॥੨॥

2695	66	ਹਰਿ ਨਿਰਮਲੁ ਅਤਿ ਊਜਲਾ ਬਿਨੁ ਗੁਰ ਪਾਇਆ ਨ ਜਾਇ॥		Har Niramal Ath Oojalaa Bin Gur Paaeiaa N Jaae ||	The Lord is Immaculate and Radiantly Bright; without the Guru, He cannot be found.	ਪਰਮਾਤਮਾ ਪਵਿਤ੍ਰ-ਸਰੂਪ ਹੈ, ਬਹੁਤ ਹੀ ਪਵਿਤ੍ਰ-ਸਰੂਪ ਹੈ, ਗੁਰੂ ਦੀ ਸਰਨ ਤੋਂ ਬਿਨਾ ਉਸ ਨਾਲ ਮਿਲਾਪ ਨਹੀਂ ਹੋ ਸਕਦਾ।
2696	66	ਪਾਠੁ ਪੜੈ ਨਾ ਬੂਝਈ ਭੇਖੀ ਭਰਮਿ ਭੁਲਾਇ॥	ਪੜ੍ਹੈ,ਬੁੱਝਈ,ਭੇਖੀਂ	Paath Parrai Naa Boojhee Bhaekhee Bharam Bhulaae ||	He cannot be understood by reading scriptures; the deceitful pretenders are deluded by doubt.	(ਜੇਹੜਾ ਮਨੁੱਖ ਧਾਰਮਿਕ ਪੁਸਤਕਾਂ ਦਾ) ਨਿਰਾ ਪਾਠ (ਹੀ) ਪੜ੍ਹਦਾ ਹੈ, (ਉਹ ਇਸ ਭੇਤ ਨੂੰ) ਨਹੀਂ ਸਮਝਦਾ, (ਨਿਰੇ) ਧਾਰਮਿਕ ਭੇਖਾਂ ਨਾਲ (ਸਗੋਂ) ਭਟਕਣਾ ਵਿਚ ਪੈ ਕੇ ਕੁਰਾਹੇ ਪੈ ਜਾਂਦਾ ਹੈ।
2697	66	ਗੁਰਮਤੀ ਹਰਿ ਸਦਾ ਪਾਇਆ ਰਸਨਾ ਹਰਿ ਰਸੁ ਸਮਾਇ॥੩॥	ਗੁਰਮੱਤੀ	Guramathee Har Sadhaa Paaeiaa Rasanaa Har Ras Samaae ||3||	Through the Guru's Teachings, the Lord is always found, and the tongue is permeated with the Sublime Essence of the Lord. ||3||	ਗੁਰੂ ਦੀ ਮਤਿ ਤੇ ਤੁਰ ਕੇ ਹੀ ਸਦਾ ਪਰਮਾਤਮਾ ਮਿਲਦਾ ਹੈ, ਤੇ (ਮਨੁੱਖ ਦੀ) ਜੀਭ ਵਿਚ ਪਰਮਾਤਮਾ ਦੇ ਨਾਮ ਦਾ ਸੁਆਦ ਟਿਕਿਆ ਰਹਿੰਦਾ ਹੈ ॥੩॥
2698	66	ਮਾਇਆ ਮੋਹੁ ਚੁਕਾਇਆ ਗੁਰਮਤੀ ਸਹਜਿ ਸੁਭਾਇ॥		Maaeiaa Mohu Chukaaeiaa Guramathee Sehaj Subhaae ||	Emotional attachment to Maya is shed with intuitive ease, through the Guru's Teachings.	(ਜੇਹੜਾ ਮਨੁੱਖ) ਗੁਰੂ ਦੀ ਮਤਿ ਅਨੁਸਾਰ (ਤੁਰਦਾ ਹੈ ਉਹ ਆਪਣੇ ਅੰਦਰੋਂ) ਮਾਇਆ ਦਾ ਮੋਹ ਮੁਕਾ ਲੈਂਦਾ ਹੈ (ਉਹ) ਆਤਮਕ ਅਡੋਲਤਾ ਵਿਚ (ਟਿਕ ਜਾਂਦਾ ਹੈ, ਉਹ ਪ੍ਰਭੂ ਦੇ) ਪ੍ਰੇਮ ਵਿਚ (ਲੀਨ ਰਹਿੰਦਾ ਹੈ)।

2699	67	ਬਿਨੁ ਸਬਦੈ ਜਗੁ ਦੁਖੀਆ ਫਿਰੈ ਮਨਮੁਖਾ ਨੋ ਗਈ ਖਾਇ॥		Bin Sabadhai Jag Dhukheeaa Firai Manamukhaa No Gee Khaae ||	Without the Shabad, the world wanders lost in pain. The self-willed manmukh is consumed.	ਗੁਰੂ ਦੇ ਸ਼ਬਦ ਤੋਂ ਬਿਨਾ ਜਗਤ (ਮਾਇਆ ਦੇ ਮੋਹ ਦੇ ਕਾਰਨ) ਦੁਖੀ ਫਿਰਦਾ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦਿਆਂ ਨੂੰ ਮਾਇਆ ਦੀ ਤ੍ਰਿਸ਼ਨਾ ਗ੍ਰਸੀ ਰੱਖਦੀ ਹੈ।
2700	67	ਸਬਦੇ ਨਾਮੁ ਧਿਆਈਐ ਸਬਦੇ ਸਚਿ ਸਮਾਇ॥੪॥		Sabadhae Naam Dhhiaaeeai Sabadhae Sach Samaae ||4||	Through the Shabad, meditate on the Naam; through the Shabad, you shall merge in Truth. ||4||	(ਹੇ ਭਾਈ!) ਗੁਰੂ ਦੇ ਸ਼ਬਦ ਦੀ ਰਾਹੀਂ ਹੀ ਪ੍ਰਭੂ ਦਾ ਨਾਮ ਸਿਮਰਿਆ ਜਾ ਸਕਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਹੀ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿ ਸਕੀਦਾ ਹੈ ॥੪॥
2701	67	ਮਾਇਆ ਭੂਲੇ ਸਿਧ ਫਿਰਹਿ ਸਮਾਧਿ ਨ ਲਗੈ ਸੁਭਾਇ॥		Maaeiaa Bhoolae Sidhh Firehi Samaadhh N Lagai Subhaae ||	The Siddhas wander around, deluded by Maya; they are not absorbed in the Samaadhi of the Lord's Sublime Love.	(ਸਾਧਾਰਨ ਬੰਦੇ ਤਾਂ ਕਿਤੇ ਰਹੇ, ਜੋਗ-ਸਾਧਨਾਂ ਵਿਚ) ਪੁੱਗੇ ਹੋਏ ਜੋਗੀ ਭੀ ਮਾਇਆ ਦੇ ਪ੍ਰਭਾਵ ਹੇਠ ਕੁਰਾਹੇ ਪਏ ਭਟਕਦੇ ਫਿਰਦੇ ਹਨ, ਪ੍ਰਭੂ-ਪ੍ਰੇਮ ਵਿਚ ਉਹਨਾਂ ਦੀ ਸੁਰਤ ਨਹੀਂ ਜੁੜਦੀ।
2702	67	ਤੀਨੇ ਲੋਅ ਵਿਆਪਤ ਹੈ ਅਧਿਕ ਰਹੀ ਲਪਟਾਇ॥	(ਲੋਅ) ਹੋੜਾ ਲੰਬਾ ਲਾ ਕੇ ਅ ਮੁਕਤਾ ਲਾਉ। ਅਧਿਕ: ਪੋਲਾ ਬੋਲੋ	Theenae Loa Viaapath Hai Adhhik Rehee Lapattaae ||	The three worlds are permeated by Maya; they are totally covered by it.	ਇਹ ਮਾਇਆ ਤਿੰਨਾਂ ਭਵਨਾਂ ਵਿਚ ਹੀ ਗ਼ਲਬਾ ਪਾ ਰਹੀ ਹੈ, (ਸਭ ਜੀਵਾਂ ਨੂੰ ਹੀ) ਬਹੁਤ ਚੰਬੜੀ ਹੋਈ ਹੈ।

2703	67	ਬਿਨੁ ਗੁਰ ਮੁਕਤਿ ਨ ਪਾਈਐ ਨਾ ਦੁਬਿਧਾ ਮਾਇਆ ਜਾਇ॥੫॥		Bin Gur Mukath N Paaeeai Naa Dhubidhhaa Maaeiaa Jaae ||5||	Without the Guru, liberation is not attained, and the double-mindedness of Maya does not go away. ||5||	(ਹੇ ਭਾਈ!) ਗੁਰੂ ਦੀ ਸਰਨ ਤੋਂ ਬਿਨਾਂ (ਮਾਇਆ ਤੋਂ) ਖਲਾਸੀ ਨਹੀਂ ਮਿਲ ਸਕਦੀ, ਮਾਇਆ ਦੇ ਪ੍ਰਭਾਵ ਦੇ ਕਾਰਨ ਪੈਦਾ ਹੋਇਆ ਵਿਤਕਰਾ ਭੀ ਦੂਰ ਨਹੀਂ ਹੁੰਦਾ ॥੫॥
2704	67	ਮਾਇਆ ਕਿਸ ਨੋ ਆਖੀਐ ਕਿਆ ਮਾਇਆ ਕਰਮ ਕਮਾਇ॥		Maaeiaa Kis No Aakheeai Kiaa Maaeiaa Karam Kamaae ||	What is called Maya? What does Maya do?	(ਜੇ ਪੁੱਛੋ ਕਿ) ਮਾਇਆ ਕਿਸ ਚੀਜ਼ ਦਾ ਨਾਮ ਹੈ? (ਮਾਇਆ ਦਾ ਕੀਹ ਸਰੂਪ ਹੈ? ਜੀਵਾਂ ਉੱਤੇ ਪ੍ਰਭਾਵ ਪਾ ਕੇ ਉਹਨਾਂ ਦੀ ਰਾਹੀਂ) ਮਾਇਆ ਕੇਹੜੇ ਕੰਮ ਕਰਦੀ ਹੈ?
2705	67	ਦੁਖਿ ਸੁਖਿ ਏਹੁ ਜੀਉ ਬਧੁ ਹੈ ਹਉਮੈ ਕਰਮ ਕਮਾਇ॥	ਬੱਧੁ	Dhukh Sukh Eaehu Jeeo Badhh Hai Houmai Karam Kamaae ||	These beings are bound by pleasure and pain; they do their deeds in egotism.	(ਤਾਂ ਉੱਤਰ ਇਹ ਹੈ ਕਿ ਮਾਇਆ ਦੇ ਪ੍ਰਭਾਵ ਹੇਠ) ਇਹ ਜੀਵ ਦੁੱਖ (ਦੀ ਨਿਵਿਰਤੀ) ਵਿਚ ਤੇ ਸੁਖ (ਦੀ ਲਾਲਸਾ) ਵਿਚ ਬੱਝਾ ਰਹਿੰਦਾ ਹੈ, ਤੇ 'ਮੈਂ ਵੱਡਾ ਹਾਂ ਮੈਂ ਵੱਡਾ ਬਣ ਜਾਵਾਂ' ਦੀ ਪ੍ਰੇਰਨਾ ਵਿਚ ਹੀ ਸਾਰੇ ਕੰਮ ਕਰਦਾ ਹੈ।
2706	67	ਬਿਨੁ ਸਬਦੈ ਭਰਮੁ ਨ ਚੂਕਈ ਨਾ ਵਿਚਹੁ ਹਉਮੈ ਜਾਇ॥੬॥		Bin Sabadhai Bharam N Chookee Naa Vichahu Houmai Jaae ||6||	Without the Shabad, doubt is not dispelled, and egotism is not eliminated from within. ||6||	ਗੁਰੂ ਦੇ ਸ਼ਬਦ ਤੋਂ ਬਿਨਾ ਜੀਵ ਦੀ ਇਹ ਭਟਕਣਾ ਮੁੱਕਦੀ ਨਹੀਂ, ਨਾਹ ਹੀ ਇਸ ਦੇ ਅੰਦਰੋਂ ਮੈਂ-ਮੇਰੀ ਦੀ ਪ੍ਰੇਰਨਾ ਦੂਰ ਹੁੰਦੀ ਹੈ ॥੬॥

2707	67	ਬਿਨੁ ਪ੍ਰੀਤੀ ਭਗਤਿ ਨ ਹੋਵਈ ਬਿਨੁ ਸਬਦੈ ਥਾਇ ਨ ਪਾਇ॥		Bin Preethee Bhagath N Hovee Bin Sabadhai Thhaae N Paae ||	Without love, there is no devotional worship. Without the Shabad, no one finds acceptance.	ਗੁਰੂ ਦੇ ਸ਼ਬਦ ਤੋਂ ਬਿਨਾ (ਮਨੁੱਖ ਦੇ ਅੰਦਰ ਪ੍ਰਭੂ-ਚਰਨਾਂ ਦੀ ਪ੍ਰੀਤਿ ਪੈਦਾ ਨਹੀਂ ਹੁੰਦੀ, ਤੇ) ਪ੍ਰੀਤਿ ਤੋਂ ਬਿਨਾ (ਜੀਵ ਪਾਸੋਂ) ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ, (ਪਰਮਾਤਮਾ ਦੇ ਦਰ ਤੇ) ਜੀਵ ਕਬੂਲ ਨਹੀਂ ਹੁੰਦਾ।
2708	67	ਸਬਦੇ ਹਉਮੈ ਮਾਰੀਐ ਮਾਇਆ ਕਾ ਭ੍ਰਮੁ ਜਾਇ॥		Sabadhae Houmai Maareeai Maaeiaa Kaa Bhram Jaae ||	Through the Shabad, egotism is conquered and subdued, and the illusion of Maya is dispelled.	ਗੁਰੂ ਦੇ ਸ਼ਬਦ ਦੀ ਰਾਹੀਂ ਹੀ ਹਉਮੈ (ਮਨ ਵਿਚੋਂ) ਮਾਰੀ ਜਾ ਸਕਦੀ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਹੀ ਮਾਇਆ ਦੀ ਪ੍ਰੇਰਨਾ ਤੋਂ ਪੈਦਾ ਹੋਈ ਭਟਕਣਾ ਦੂਰ ਹੁੰਦੀ ਹੈ।
2709	67	ਨਾਮੁ ਪਦਾਰਥੁ ਪਾਈਐ ਗੁਰਮੁਖਿ ਸਹਜਿ ਸੁਭਾਇ॥੭॥		Naam Padhaarathh Paaeeai Guramukh Sehaj Subhaae ||7||	The Gurmukh obtains the Treasure of the Naam with intuitive ease. ||7||	ਗੁਰੂ ਦੀ ਸਰਨ ਪਿਆਂ ਪਰਮਾਤਮਾ ਦਾ ਨਾਮ (ਕੀਮਤੀ ਪਦਾਰਥ) ਮਿਲਦਾ ਹੈ, ਆਤਮਕ ਅਡੋਲਤਾ ਵਿਚ ਤੇ ਪ੍ਰਭੂ-ਪ੍ਰੇਮ ਵਿਚ ਸਮਾਈ ਹੁੰਦੀ ਹੈ ॥੭॥
2710	67	ਬਿਨੁ ਗੁਰ ਗੁਣ ਨ ਜਾਪਨੀ ਬਿਨੁ ਗੁਣ ਭਗਤਿ ਨ ਹੋਇ॥		Bin Gur Gun N Jaapanee Bin Gun Bhagath N Hoe ||	Without the Guru, one's virtues do not shine forth; without virtue, there is no devotional worship.	ਗੁਰੂ ਦੀ ਸਰਨ ਤੋਂ ਬਿਨਾ ਉੱਚੇ ਆਤਮਕ ਜੀਵਨ ਦੇ ਗੁਣਾਂ ਦੀ ਕਦਰ ਨਹੀਂ ਪੈਂਦੀ, ਤੇ, ਆਤਮਕ ਜੀਵਨ ਵਾਲੇ ਗੁਣਾਂ ਤੋਂ ਬਿਨਾ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ।

2711	67	ਭਗਤਿ ਵਛਲੁ ਹਰਿ ਮਨਿ ਵਸਿਆ ਸਹਜਿ ਮਿਲਿਆ ਪ੍ਰਭੁ ਸੋਇ॥		Bhagath Vashhal Har Man Vasiaa Sehaj Miliaa Prabh Soe ||	The Lord is the Lover of His devotees; He abides within their minds. They meet that God with intuitive ease.	(ਗੁਰੂ ਦੇ ਸ਼ਬਦ ਦੀ ਰਾਹੀਂ ਹੀ) ਭਗਤੀ ਨਾਲ ਪਿਆਰ ਕਰਨ ਵਾਲਾ ਪਰਮਾਤਮਾ (ਮਨੁੱਖ ਦੇ) ਮਨ ਵਿਚ ਵੱਸਦਾ ਹੈ (ਆਤਮਕ ਅਡੋਲਤਾ ਪ੍ਰਾਪਤ ਹੁੰਦੀ ਹੈ) ਆਤਮਕ ਅਡੋਲਤਾ ਵਿਚ ਟਿਕਿਆਂ ਉਹ ਪ੍ਰਭੂ ਮਿਲ ਪੈਂਦਾ ਹੈ।
2712	67	ਨਾਨਕ ਸਬਦੇ ਹਰਿ ਸਾਲਾਹੀਐ ਕਰਮਿ ਪਰਾਪਤਿ ਹੋਇ॥੮॥੪॥੨੧॥		Naanak Sabadhae Har Saalaaheeai Karam Paraapath Hoe ||8||4||21||	O Nanak, through the Shabad, praise the Lord. By His Grace, He is obtained. ||8||4||21||	ਹੇ ਨਾਨਕ! ਗੁਰੂ ਦੇ ਸ਼ਬਦ ਦੀ ਰਾਹੀਂ ਹੀ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ ਜਾ ਸਕਦੀ ਹੈ। (ਪਰ ਇਹ ਦਾਤਿ) ਉਸ ਦੀ ਮਿਹਰ ਨਾਲ ਹੀ ਮਿਲਦੀ ਹੈ ॥੮॥੪॥੨੧॥{66-67}
2713	67	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
2714	67	ਮਾਇਆ ਮੋਹੁ ਮੇਰੈ ਪ੍ਰਭਿ ਕੀਨਾ ਆਪੇ ਭਰਮਿ ਭੁਲਾਏ॥		Maaeiaa Mohu Maerai Prabh Keenaa Aapae Bharam Bhulaaeae ||	Emotional attachment to Maya is created by my God; He Himself misleads us through illusion and doubt.	ਮੇਰੇ ਪ੍ਰਭੂ ਨੇ (ਆਪ ਹੀ) ਮਾਇਆ ਦਾ ਮੋਹ ਪੈਦਾ ਕੀਤਾ ਹੈ, ਉਹ ਆਪ ਹੀ (ਜੀਵਾਂ ਨੂੰ ਮਾਇਆ ਦੀ) ਭਟਕਣਾ ਵਿਚ ਪਾ ਕੇ ਕੁਰਾਹੇ ਪਾ ਦੇਂਦਾ ਹੈ।

2715	67	ਮਨਮੁਖਿ ਕਰਮ ਕਰਹਿ ਨਹੀ ਬੂਝਹਿ ਬਿਰਥਾ ਜਨਮੁ ਗਵਾਏ॥		Manamukh Karam Karehi Nehee Boojhehi Birathhaa Janam Gavaaeae ||	The self-willed manmukhs perform their actions, but they do not understand; they waste away their lives in vain.	(ਉਸ ਭਟਕਣਾ ਵਿਚ ਪਏ ਹੋਏ) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਮਿੱਥੇ ਹੋਏ ਧਾਰਮਿਕ) ਕੰਮ ਕਰਦੇ ਰਹਿੰਦੇ ਹਨ, ਤੇ (ਇਹ) ਨਹੀਂ ਸਮਝਦੇ (ਕਿ ਅਸੀਂ ਕੁਰਾਹੇ ਪਏ ਹੋਏ ਹਾਂ)। (ਜੇਹੜਾ ਭੀ ਮਨੁੱਖ ਆਪਣੇ ਮਨ ਦੇ ਪਿੱਛੇ ਤੁਰ ਕੇ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ, ਉਹ ਆਪਣਾ) ਜਨਮ ਵਿਅਰਥ ਗਵਾਂਦਾ ਹੈ।
2716	67	ਗੁਰਬਾਣੀ ਇਸੁ ਜਗ ਮਹਿ ਚਾਨਣੁ ਕਰਮਿ ਵਸੈ ਮਨਿ ਆਏ॥੧॥		Gurabaanee Eis Jag Mehi Chaanan Karam Vasai Man Aaeae ||1||	Gurbani is the Light to illuminate this world; by His Grace, it comes to abide within the mind. ||1||	ਸਤਿਗੁਰੂ ਦੀ ਬਾਣੀ ਇਸ ਜਗਤ ਵਿਚ (ਜੀਵਨ ਦੇ ਰਸਤੇ ਵਿਚ) ਚਾਨਣ (ਕਰਦੀ) ਹੈ। ਇਹ ਬਾਣੀ (ਪਰਮਾਤਮਾ ਦੀ) ਮਿਹਰ ਨਾਲ (ਹੀ) ਮਨੁੱਖ ਦੇ ਮਨ ਵਿਚ ਆ ਵੱਸਦੀ ਹੈ ॥੧॥
2717	67	ਮਨ ਰੇ ਨਾਮੁ ਜਪਹੁ ਸੁਖੁ ਹੋਇ॥		Man Rae Naam Japahu Sukh Hoe ||	O mind, chant the Naam, the Name of the Lord, and find peace.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਜਪ, (ਨਾਮ ਜਪਣ ਨਾਲ ਹੀ) ਆਤਮਕ ਆਨੰਦ ਮਿਲਦਾ ਹੈ।

2718	67	ਗੁਰੁ ਪੂਰਾ ਸਾਲਾਹੀਐ ਸਹਜਿ ਮਿਲੈ ਪ੍ਰਭੁ ਸੋਇ॥੧॥ਰਹਾਉ॥		Gur Pooraa Saalaaheeai Sehaj Milai Prabh Soe ||1|| Rehaao ||	Praising the Perfect Guru, you shall easily meet with that God. ||1||Pause||	(ਸਿਮਰਨ ਦੀ ਦਾਤ ਗੁਰੂ ਤੋਂ ਮਿਲਦੀ ਹੈ, ਇਸ ਵਾਸਤੇ) ਪੂਰੇ ਗੁਰੂ ਨੂੰ ਧੰਨ ਧੰਨ ਆਖਣਾ ਚਾਹੀਦਾ ਹੈ। ਗੁਰੂ ਦੀ ਸਰਨ ਪਿਆਂ ਮਨੁੱਖ ਆਤਮਕ ਅਡੋਲਤਾ ਵਿਚ (ਟਿਕਦਾ ਹੈ, ਤੇ ਮਨੁੱਖ ਨੂੰ) ਉਹ ਪਰਮਾਤਮਾ ਮਿਲ ਪੈਂਦਾ ਹੈ ॥੧॥ ਰਹਾਉ ॥
2719	67	ਭਰਮੁ ਗਇਆ ਭਉ ਭਾਗਿਆ ਹਰਿ ਚਰਣੀ ਚਿਤੁ ਲਾਇ॥	ਗ-ਇਆ	Bharam Gaeiaa Bho Bhaagiaa Har Charanee Chith Laae ||	Doubt departs, and fear runs away, when you focus your consciousness on the Lord's Feet.	(ਗੁਰੂ ਦੀ ਰਾਹੀਂ) ਪਰਮਾਤਮਾ ਦੇ ਚਰਨਾਂ ਵਿਚ ਚਿੱਤ ਜੋੜ ਕੇ (ਮਨ ਦੀ) ਭਟਕਣਾ ਦੂਰ ਹੋ ਜਾਂਦੀ ਹੈ, (ਹਰੇਕ ਕਿਸਮ ਦਾ) ਡਰ ਨੱਸ ਜਾਂਦਾ ਹੈ।
2720	67	ਗੁਰਮੁਖਿ ਸਬਦੁ ਕਮਾਈਐ ਹਰਿ ਵਸੈ ਮਨਿ ਆਇ॥		Guramukh Sabadh Kamaaeeai Har Vasai Man Aae ||	The Gurmukh practices the Shabad, and the Lord comes to dwell within the mind.	ਗੁਰੂ ਦੀ ਸਰਨ ਪੈ ਕੇ ਗੁਰੂ ਦਾ ਸ਼ਬਦ ਕਮਾਣਾ ਚਾਹੀਦਾ ਹੈ ਭਾਵ, ਸ਼ਬਦ ਅਨੁਸਾਰ ਜੀਵਨ ਬਿਤਾਣਾ ਚਾਹੀਦਾ ਹੈ, ਇਸ ਤਰ੍ਹਾਂ) ਪਰਮਾਤਮਾ ਮਨ ਵਿਚ ਆ ਵੱਸਦਾ ਹੈ,
2721	67	ਘਰਿ ਮਹਲਿ ਸਚਿ ਸਮਾਈਐ ਜਮਕਾਲੁ ਨ ਸਕੈ ਖਾਇ॥੨॥		Ghar Mehal Sach Samaaeeai Jamakaal N Sakai Khaae ||2||	In the mansion of the home within the self, we merge in Truth, and the Messenger of Death cannot devour us. ||2||	ਅੰਤਰ ਆਤਮੇ ਟਿਕ ਜਾਈਦਾ ਹੈ, ਪ੍ਰਭੂ-ਚਰਨਾਂ ਵਿਚ ਸਦਾ-ਥਿਰ ਪਰਮਾਤਮਾ ਵਿਚ ਲੀਨ ਰਹਿ ਸਕੀਦਾ ਹੈ, ਤੇ ਆਤਮਕ ਮੌਤ (ਸੁਚੱਜੇ ਜੀਵਨ ਨੂੰ) ਖਾ ਨਹੀਂ ਸਕਦੀ ॥੨॥

2722	67	ਨਾਮਾ ਛੀਬਾ ਕਬੀਰੁ ਜੁਲਾਹਾ ਪੂਰੇ ਗੁਰ ਤੇ ਗਤਿ ਪਾਈ॥	ਛੀਂਬਾ। ਜੁਲਾਹਾ: ਹੋੜੇ ਤੇ ਔਂਕੜ ਦੇ ਵਿਚਕਾਰ ਦੀ ਅਵਾਜ਼ ਬੋਲੋ	Naamaa Shheebaa Kabeer Juolaahaa Poorae Gur Thae Gath Paaee ||	Naam Dayv the printer, and Kabeer the weaver, obtained salvation through the Perfect Guru.	(ਵੇਖੋ) ਨਾਮ ਦੇਵ (ਜਾਤਿ ਦਾ) ਛੀਂਬਾ (ਸੀ) ਕਬੀਰ ਜੁਲਾਹਾ (ਸੀ, ਉਹਨਾਂ ਨੇ) ਪੂਰੇ ਗੁਰੂ ਤੋਂ ਉੱਚੀ ਆਤਮਕ ਅਵਸਥਾ ਹਾਸਲ ਕੀਤੀ,
2723	67	ਬ੍ਰਹਮ ਕੇ ਬੇਤੇ ਸਬਦੁ ਪਛਾਣਹਿ ਹਉਮੈ ਜਾਤਿ ਗਵਾਈ॥		Breham Kae Baethae Sabadh Pashhaanehi Houmai Jaath Gavaaee ||	Those who know God and recognize His Shabad lose their ego and class consciousness.	ਉਹ ਪਰਮਾਤਮਾ ਦੇ ਨਾਲ ਸਾਂਝ ਪਾਣ ਵਾਲੇ ਬਣ ਗਏ, ਉਹਨਾਂ ਪ੍ਰਭੂ ਦੀ ਸਿਫ਼ਤ-ਸਾਲਾਹ ਨਾਲ ਡੂੰਘੀ ਸਾਂਝ ਪਾ ਲਈ, (ਤੇ ਇਸ ਤਰ੍ਹਾਂ ਉਹਨਾਂ ਆਪਣੇ ਅੰਦਰੋਂ) ਹਉਮੈ ਦਾ ਬੀ ਨਾਸ ਕਰ ਦਿੱਤਾ।
2724	67	ਸੁਰਿ ਨਰ ਤਿਨ ਕੀ ਬਾਣੀ ਗਾਵਹਿ ਕੋਇ ਨ ਮੇਟੈ ਭਾਈ॥੩॥		Sur Nar Thin Kee Baanee Gaavehi Koe N Maettai Bhaaee ||3||	Their Banis are sung by the angelic beings, and no one can erase them, O Siblings of Destiny! ||3||	ਹੇ ਭਾਈ! (ਹੁਣ) ਦੇਵਤੇ ਤੇ ਮਨੁੱਖ ਉਹਨਾਂ ਦੀ (ਉਚਾਰੀ ਹੋਈ) ਬਾਣੀ ਗਾਂਦੇ ਹਨ, ਕੋਈ ਬੰਦਾ (ਉਹਨਾਂ ਨੂੰ ਮਿਲੀ ਹੋਈ ਇਸ ਇੱਜ਼ਤ ਨੂੰ) ਮਿਟਾ ਨਹੀਂ ਸਕਦਾ ॥੩॥
2725	67	ਦੈਤ ਪੁਤੁ ਕਰਮ ਧਰਮ ਕਿਛੁ ਸੰਜਮ ਨ ਪੜੈ ਦੂਜਾ ਭਾਉ ਨ ਜਾਣੈ॥	ਦੈਂਤ	Dhaith Puth Karam Dhharam Kishh Sanjam N Parrai Dhoojaa Bhaao N Jaanai ||	The demon's son Prahlaad had not read about religious rituals or ceremonies, austerity or self-discipline; he did not know the love of duality.	(ਹਰਨਾਖਸ਼) ਦੈਂਤ ਦਾ ਪੁੱਤਰ (ਭਗਤ ਪ੍ਰਹਿਲਾਦ ਮਿੱਥੇ ਹੋਏ) ਧਾਰਮਿਕ ਕਰਮਾਂ ਤੇ ਇੰਦ੍ਰੀਆਂ ਨੂੰ ਵੱਸ ਕਰਨ ਦੀਆਂ ਜੁਗਤੀਆਂ ਦੱਸਣ ਵਾਲੀਆਂ ਕੋਈ ਪੁਸਤਕਾਂ ਨਹੀਂ ਸੀ ਪੜ੍ਹਦਾ, ਉਹ ਪ੍ਰਭੂ ਬਿਨਾ ਕਿਸੇ ਹੋਰ (ਦੇਵਤੇ ਆਦਿਕ) ਨਾਲ ਪਿਆਰ (ਕਰਨਾ) ਨਹੀਂ ਸੀ ਜਾਣਦਾ।

2726	67	ਸਤਿਗੁਰੁ ਭੇਟਿਐ ਨਿਰਮਲੁ ਹੋਆ ਅਨ ਦਿਨੁ ਨਾਮੁ ਵਖਾਣੈ॥		Sathigur Bhaettiai Niramal Hoaa Anadhin Naam Vakhaanai ||	Upon meeting with the True Guru, he became pure; night and day, he chanted the Naam, the Name of the Lord.	ਪੂਰਾ ਗੁਰੂ ਮਿਲਣ (ਦੀ ਬਰਕਤਿ) ਨਾਲ ਉਹ ਪਵਿੱਤ੍ਰ (ਜੀਵਨ ਵਾਲਾ) ਹੋ ਗਿਆ, ਹਰ ਵੇਲੇ ਪਰਮਾਤਮਾ ਦਾ ਨਾਮ ਜਪਣ ਲੱਗ ਪਿਆ।
2727	67	ਏਕੋ ਪੜੈ ਏਕੋ ਨਾਉ ਬੂਝੈ ਦੂਜਾ ਅਵਰੁ ਨ ਜਾਣੈ॥੪॥		Eaeko Parrai Eaeko Naao Boojhai Dhoojaa Avar N Jaanai ||4||	He read only of the One and he understood only the One Name; he knew no other at all. ||4||	ਉਹ ਇਕ (ਪਰਮਾਤਮਾ) ਦੀ ਸਿਫ਼ਤ-ਸਾਲਾਹ ਪੜ੍ਹਦਾ ਸੀ, ਇਕ ਪਰਮਾਤਮਾ ਦਾ ਨਾਮ ਹੀ ਸਮਝਦਾ ਸੀ, ਪ੍ਰਭੂ ਤੋਂ ਬਿਨਾ ਕਿਸੇ ਹੋਰ ਨੂੰ (ਪ੍ਰਭੂ ਵਰਗਾ) ਨਹੀਂ ਸੀ ਜਾਣਦਾ ॥੪॥
2728	67	ਖਟੁ ਦਰਸਨ ਜੋਗੀ ਸੰਨਿਆਸੀ ਬਿਨੁ ਗੁਰ ਭਰਮਿ ਭੁਲਾਏ॥	ਖਟੁ: ਪੋਲਾ ਬੋਲੋ	Khatt Dharasan Jogee Sanniaasee Bin Gur Bharam Bhulaaeae ||	The followers of the six different life-styles and world-views, the Yogis and the Sanyaasees have gone astray in doubt without the Guru.	ਜੋਗੀ (ਹੋਣ) ਸੰਨਿਆਸੀ (ਹੋਣ, ਇਹ ਸਾਰੇ ਹੀ) ਛੇ ਭੇਖਾਂ ਦੇ ਸਾਧ ਗੁਰੂ ਦੀ ਸਰਨ ਤੋਂ ਬਿਨਾ ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਪਏ ਰਹਿੰਦੇ ਹਨ।
2729	67	ਸਤਿਗੁਰੁ ਸੇਵਹਿ ਤਾ ਗਤਿ ਮਿਤਿ ਪਾਵਹਿ ਹਰਿ ਜੀਉ ਮੰਨਿ ਵਸਾਏ॥	ਮਿਤਿ:ਪੋਲਾ ਬੋਲੋ। (ਮਿਤਿ) ਮਰਯਾਦਾ	Sathigur Saevehi Thaa Gath Mith Paavehi Har Jeeo Mann Vasaaeae ||	If they serve the True Guru, they find the state of salvation; they enshrine the Dear Lord within their minds.	ਜਦੋਂ (ਇਹ) ਗੁਰੂ ਦੀ ਸਰਨ ਪੈਂਦੇ ਹਨ, ਤਦੋਂ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾ ਕੇ ਉੱਚੀ ਆਤਮਕ ਅਵਸਥਾ ਤੇ (ਸਹੀ) ਜੀਵਨ-ਜੁਗਤਿ ਪ੍ਰਾਪਤ ਕਰਦੇ ਹਨ।

2730	67	ਸਚੀ ਬਾਣੀ ਸਿਉ ਚਿਤੁ ਲਾਗੈ ਆਵਣੁ ਜਾਣੁ ਰਹਾਏ॥੫॥		Sachee Baanee Sio Chith Laagai Aavan Jaan Rehaaeae ||5||	They focus their consciousness on the True Bani, and their comings and goings in reincarnation are over. ||5||	ਜਿਸ ਮਨੁੱਖ ਦਾ ਚਿੱਤ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਨਾਲ ਪਰਚਦਾ ਹੈ, ਉਹ ਆਪਣਾ ਜਨਮ ਮਰਨ ਦਾ ਗੇੜ ਮੁਕਾ ਲੈਂਦਾ ਹੈ ॥੫॥
2731	67	ਪੰਡਿਤ ਪੜਿ ਪੜਿ ਵਾਦੁ ਵਖਾਣਹਿ ਬਿਨੁ ਗੁਰ ਭਰਮਿ ਭੁਲਾਏ॥		Panddith Parr Parr Vaadh Vakhaanehi Bin Gur Bharam Bhulaaeae ||	The Pandits, the religious scholars, read and argue and stir up controversies, but without the Guru, they are deluded by doubt.	ਪੰਡਿਤ (ਲੋਕ ਸ਼ਾਸਤ੍ਰ ਆਦਿਕ) ਪੜ੍ਹ ਪੜ੍ਹ ਕੇ (ਨਿਰੀ) ਚਰਚਾ (ਹੀ) ਕਰਦੇ ਸੁਣਦੇ ਹਨ, (ਉਹ ਭੀ) ਗੁਰੂ ਦੀ ਸਰਨ ਤੋਂ ਬਿਨਾ ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਪਏ ਰਹਿੰਦੇ ਹਨ।
2732	67	ਲਖ ਚਉਰਾਸੀਹ ਫੇਰੁ ਪਇਆ ਬਿਨੁ ਸਬਦੈ ਮੁਕਤਿ ਨ ਪਾਏ॥		Lakh Chouraaseeh Faer Paeiaa Bin Sabadhai Mukath N Paaeae ||	They wander around the cycle of 8.4 million reincarnations; without the Shabad, they do not attain liberation.	(ਕੋਈ ਭੀ ਮਨੁੱਖ) ਗੁਰੂ ਦੇ ਸ਼ਬਦ ਤੋਂ ਬਿਨਾ (ਮਾਇਆ ਦੇ ਮੋਹ ਤੋਂ) ਖ਼ਲਾਸੀ ਹਾਸਲ ਨਹੀਂ ਕਰ ਸਕਦਾ, (ਗੁਰੂ ਦੀ ਸਰਨ ਤੋਂ ਬਿਨਾ) ਚੌਰਾਸੀ ਲੱਖ ਜੂਨਾਂ ਦਾ ਗੇੜ ਬਣਿਆ ਰਹਿੰਦਾ ਹੈ।
2733	67	ਜਾ ਨਾਉ ਚੇਤੈ ਤਾ ਗਤਿ ਪਾਏ ਜਾ ਸਤਿਗੁਰੁ ਮੇਲਿ ਮਿਲਾਏ॥੬॥		Jaa Naao Chaethai Thaa Gath Paaeae Jaa Sathigur Mael Milaaeae ||6||	But when they remember the Name, then they attain the state of salvation, when the True Guru unites them in Union. ||6||	ਜਦੋਂ ਗੁਰੂ (ਮਨੁੱਖ ਨੂੰ) ਪ੍ਰਭੂ ਦੇ ਚਰਨਾਂ ਵਿਚ ਜੋੜਦਾ ਹੈ, ਜਦੋਂ ਉਹ ਪ੍ਰਭੂ ਦਾ ਨਾਮ ਸਿਮਰਦਾ ਹੈ, ਤਦੋਂ ਉਹ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ ॥੬॥

2734	67	ਸਤਸੰਗਤਿ ਮਹਿ ਨਾਮੁ ਹਰਿ ਉਪਜੈ ਜਾ ਸਤਿਗੁਰੁ ਮਿਲੈ ਸੁਭਾਏ॥		Sathasangath Mehi Naam Har Oupajai Jaa Sathigur Milai Subhaaeae ||	In the Sat Sangat, the True Congregation, the Name of the Lord wells up, when the True Guru unites us in His Sublime Love.	ਜਦੋਂ (ਮਨੁੱਖ ਨੂੰ) ਪਿਆਰ ਨਾਲ ਗੁਰੂ ਮਿਲਦਾ ਹੈ (ਗੁਰੂ ਦੀ ਕਿਰਪਾ ਨਾਲ) ਸਤਸੰਗ ਵਿਚ ਰਹਿ ਕੇ ਮਨੁੱਖ ਦੇ ਅੰਦਰ ਪਰਮਾਤਮਾ ਦਾ ਨਾਮ ਪਰਗਟ ਹੁੰਦਾ ਹੈ।
2735	68	ਮਨੁ ਤਨੁ ਅਰਪੀ ਆਪੁ ਗਵਾਈ ਚਲਾ ਸਤਿਗੁਰ ਭਾਏ॥		Man Than Arapee Aap Gavaaee Chalaa Sathigur Bhaaeae ||	I offer my mind and body, and I renounce my selfishness and conceit; I walk in Harmony with the Will of the True Guru.	(ਮੇਰੀ ਇਹੀ ਅਰਦਾਸ ਹੈ ਕਿ) ਮੈਂ ਆਪਣਾ ਮਨ ਆਪਣਾ ਤਨ (ਗੁਰੂ ਦੇ) ਹਵਾਲੇ ਕਰ ਦਿਆਂ, ਮੈਂ (ਗੁਰੂ ਦੇ ਅੱਗੇ) ਆਪਣਾ ਆਪਾ-ਭਾਵ ਗਵਾ ਦਿਆਂ, ਤੇ ਮੈਂ ਗੁਰੂ ਦੇ ਪ੍ਰੇਮ ਵਿਚ ਜੀਵਨ ਗੁਜ਼ਾਰਾਂ।
2736	68	ਸਦ ਬਲਿਹਾਰੀ ਗੁਰ ਅਪੁਨੇ ਵਿਟਹੁ ਜਿ ਹਰਿ ਸੇਤੀ ਚਿਤੁ ਲਾਏ॥੭॥		Sadh Balihaaree Gur Apunae Vittahu J Har Saethee Chith Laaeae ||7||	I am forever a sacrifice to my Guru, who has attached my consciousness to the Lord. ||7||	ਜੇਹੜੇ ਗੁਰੂ ਪਰਮਾਤਮਾ ਦੇ ਨਾਲ ਮੇਰਾ ਚਿੱਤ ਜੋੜ ਦੇਂਦਾ ਹੈ, ਮੈਂ ਆਪਣੇ ਉਸ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ ॥੭॥
2737	68	ਸੋ ਬ੍ਰਾਹਮਣੁ ਬ੍ਰਹਮੁ ਜੋ ਬਿੰਦੇ ਹਰਿ ਸੇਤੀ ਰੰਗਿ ਰਾਤਾ॥		So Braahaman Breham Jo Bindhae Har Saethee Rang Raathaa ||	He alone is a Brahmin, who knows the Lord Brahma, and is attuned to the Love of the Lord.	(ਉੱਚੀ ਜਾਤਿ ਦਾ ਮਾਣ ਵਿਅਰਥ ਹੈ) ਉਹੀ ਬ੍ਰਾਹਮਣ ਹੈ, ਜੇਹੜਾ ਬ੍ਰਹਮ (ਪ੍ਰਭੂ) ਨੂੰ ਪਛਾਣਦਾ ਹੈ, ਜੇਹੜਾ ਪ੍ਰਭੂ ਦੇ ਪ੍ਰੇਮ ਵਿਚ ਪ੍ਰਭੂ ਨਾਲ ਰੰਗਿਆ ਰਹਿੰਦਾ ਹੈ।

2738	68	ਪ੍ਰਭੁ ਨਿਕਟਿ ਵਸੈ ਸਭਨਾ ਘਟ ਅੰਤਰਿ ਗੁਰਮੁਖਿ ਵਿਰਲੈ ਜਾਤਾ॥		Prabh Nikatt Vasai Sabhanaa Ghatt Anthar Guramukh Viralai Jaathaa ||	God is close at hand; He dwells deep within the hearts of all. How rare are those who, as Gurmukh, know Him.	(ਜਾਤਿ ਦਾ ਕੋਈ ਭਿੰਨ-ਭੇਦ ਨਹੀਂ) ਪ੍ਰਭੂ ਸਭ ਸਰੀਰਾਂ ਵਿਚ ਸਭ ਜੀਵਾਂ ਦੇ ਨੇੜੇ ਵੱਸਦਾ ਹੈ। ਪਰ ਇਹ ਗੱਲ ਕੋਈ ਵਿਰਲਾ ਸਮਝਦਾ ਹੈ, ਜੋ ਗੁਰੂ ਦੀ ਸਰਨ ਪਏ।
2739	68	ਨਾਨਕ ਨਾਮੁ ਮਿਲੈ ਵਡਿਆਈ ਗੁਰ ਕੈ ਸਬਦਿ ਪਛਾਤਾ॥੮॥੫॥੨੨॥		Naanak Naam Milai Vaddiaaee Gur Kai Sabadh Pashhaathaa ||8||5||22||	O Nanak, through the Naam, greatness is obtained; through the Word of the Guru's Shabad, He is realized. ||8||5||22||	ਹੇ ਨਾਨਕ! ਗੁਰੂ ਦੇ ਸ਼ਬਦ ਵਿਚ ਜੁੜਿਆਂ ਪ੍ਰਭੂ ਨਾਲ ਜਾਣ-ਪਛਾਣ ਪੈਂਦੀ ਹੈ, ਪ੍ਰਭੂ ਦਾ ਨਾਮ ਮਿਲਦਾ ਹੈ ਤੇ (ਲੋਕ ਪਰਲੋਕ ਵਿਚ) ਆਦਰ ਮਿਲਦਾ ਹੈ ॥੮॥੫॥੨੨॥{67-68}
2740	68	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
2741	68	ਸਹਜੈ ਨੋ ਸਭ ਲੋਚਦੀ ਬਿਨੁ ਗੁਰ ਪਾਇਆ ਨ ਜਾਇ॥		Sehajai No Sabh Lochadhee Bin Gur Paaeiaa N Jaae ||	Everyone longs to be centered and balanced, but without the Guru, no one can.	ਸਾਰੀ ਸ੍ਰਿਸ਼ਟੀ ਮਨ ਦੀ ਸ਼ਾਂਤੀ ਲਈ ਤਰਸਦੀ ਹੈ, ਪਰ ਗੁਰੂ ਦੀ ਸਰਨ ਤੋਂ ਬਿਨਾ ਇਹ ਸਹਜ ਅਵਸਥਾ ਨਹੀਂ ਮਿਲਦੀ।

2742	68	ਪੜਿ ਪੜਿ ਪੰਡਿਤ ਜੋਤਕੀ ਥਕੇ ਭੇਖੀ ਭਰਮਿ ਭੁਲਾਇ॥	ਪੜ੍ਹਿ ਪੜ੍ਹਿ,ਭੇਖੀਂ	Parr Parr Panddith Jothakee Thhakae Bhaekhee Bharam Bhulaaeae ||	The Pandits and the astrologers read and read until they grow weary, while the fanatics are deluded by doubt.	ਪੰਡਿਤ ਤੇ ਜੋਤਸ਼ੀ (ਸ਼ਾਸਤ੍ਰ ਆਦਿਕ ਧਰਮ-ਪੁਸਤਕਾਂ) ਪੜ੍ਹ-ਪੜ੍ਹ ਕੇ ਥੱਕ ਗਏ (ਪਰ ਸਹਜ-ਅਵਸਥਾ ਪ੍ਰਾਪਤ ਨਾਹ ਕਰ ਸਕੇ), ਛੇ ਭੇਖਾਂ ਦੇ ਸਾਧੂ ਭੀ ਭਟਕ ਭਟਕ ਕੇ ਕੁਰਾਹੇ ਹੀ ਪਏ ਰਹੇ (ਉਹ ਭੀ ਸਹਜ-ਅਵਸਥਾ ਨਾ ਲੱਭ ਸਕੇ)।
2743	68	ਗੁਰ ਭੇਟੇ ਸਹਜੁ ਪਾਇਆ ਆਪਣੀ ਕਿਰਪਾ ਕਰੇ ਰਜਾਇ॥੧॥		Gur Bhaettae Sehaj Paaeiaa Aapanee Kirapaa Karae Rajaae ||1||	Meeting with the Guru, intuitive balance is obtained, when God, in His Will, grants His Grace. ||1||	ਜਿਨ੍ਹਾਂ ਉੱਤੇ ਪਰਮਾਤਮਾ ਆਪਣੀ ਰਜ਼ਾ ਅਨੁਸਾਰ ਕਿਰਪਾ ਕਰਦਾ ਹੈ, ਉਹ ਗੁਰੂ ਨੂੰ ਮਿਲ ਕੇ ਸਹਜ-ਅਵਸਥਾ ਪ੍ਰਾਪਤ ਕਰਦੇ ਹਨ ॥੧॥
2744	68	ਭਾਈ ਰੇ ਗੁਰ ਬਿਨੁ ਸਹਜੁ ਨ ਹੋਇ॥		Bhaaee Rae Gur Bin Sehaj N Hoe ||	O Siblings of Destiny, without the Guru, intuitive balance is not obtained.	ਹੇ ਭਾਈ! ਗੁਰੂ ਦੀ ਸਰਨ ਤੋਂ ਬਿਨਾ (ਮਨੁੱਖ ਦੇ ਅੰਦਰ) ਆਤਮਕ ਅਡੋਲਤਾ ਪੈਦਾ ਨਹੀਂ ਹੁੰਦੀ।
2745	68	ਸਬਦੈ ਹੀ ਤੇ ਸਹਜੁ ਊਪਜੈ ਹਰਿ ਪਾਇਆ ਸਚੁ ਸੋਇ॥੧॥ਰਹਾਉ॥		Sabadhai Hee Thae Sehaj Oopajai Har Paaeiaa Sach Soe ||1|| Rehaao ||	Through the Word of the Shabad, intuitive peace and poise wells up, and that True Lord is obtained. ||1||Pause||	ਗੁਰੂ ਦੇ ਸ਼ਬਦ ਵਿਚ ਜੁੜਨ ਤੋਂ ਹੀ ਆਤਮਕ ਅਡੋਲਤਾ (ਮਨ ਦੀ ਸ਼ਾਂਤੀ) ਪੈਦਾ ਹੁੰਦੀ ਹੈ, ਤੇ ਉਹ ਸਦਾ-ਥਿਰ ਰਹਿਣ ਵਾਲਾ ਹਰੀ ਮਿਲਦਾ ਹੈ ॥੧॥ ਰਹਾਉ ॥

2746	68	ਸਹਜੇ ਗਾਵਿਆ ਥਾਇ ਪਵੈ ਬਿਨੁ ਸਹਜੈ ਕਥਨੀ ਬਾਦਿ॥		Sehajae Gaaviaa Thhaae Pavai Bin Sehajai Kathhanee Baadh ||	That which is sung intuitively is acceptable; without this intuition, all chanting is useless.	ਪਰਮਾਤਮਾ ਦੇ ਗੁਣਾਂ ਦਾ ਕੀਰਤਨ ਕਰਨਾ ਭੀ ਤਦੋਂ ਹੀ ਪਰਵਾਨ ਹੁੰਦਾ ਹੈ, ਜੇ ਆਤਮਕ ਅਡੋਲਤਾ ਵਿਚ ਟਿਕ ਕੇ ਕੀਤਾ ਜਾਏ। ਆਤਮਕ ਅਡੋਲਤਾ ਤੋਂ ਬਿਨਾ ਧਾਰਮਿਕ ਗੱਲਾਂ ਦਾ ਕਹਿਣਾ ਵਿਅਰਥ ਜਾਂਦਾ ਹੈ।
2747	68	ਸਹਜੇ ਹੀ ਭਗਤਿ ਊਪਜੈ ਸਹਜਿ ਪਿਆਰਿ ਬੈਰਾਗਿ॥		Sehajae Hee Bhagath Oopajai Sehaj Piaar Bairaag ||	In the state of intuitive balance, devotion wells up. In intuitive balance, love is balanced and detached.	ਆਤਮਕ ਅਡੋਲਤਾ ਵਿਚ ਟਿਕਿਆਂ ਹੀ (ਮਨੁੱਖ ਦੇ ਅੰਦਰ ਪਰਮਾਤਮਾ ਦੀ) ਭਗਤੀ (ਦਾ ਜਜ਼ਬਾ) ਪੈਦਾ ਹੁੰਦਾ ਹੈ, ਆਤਮਕ ਅਡੋਲਤਾ ਦੀ ਰਾਹੀਂ ਹੀ ਮਨੁੱਖ ਪ੍ਰਭੂ ਦੇ ਪਿਆਰ ਵਿਚ ਟਿਕਦਾ ਹੈ, (ਦੁਨੀਆ ਵਲੋਂ) ਵੈਰਾਗ ਵਿਚ ਰਹਿੰਦਾ ਹੈ।
2748	68	ਸਹਜੈ ਹੀ ਤੇ ਸੁਖ ਸਾਤਿ ਹੋਇ ਬਿਨੁ ਸਹਜੈ ਜੀਵਣੁ ਬਾਦਿ॥੨॥	ਸਾਂਤਿ	Sehajai Hee Thae Sukh Saath Hoe Bin Sehajai Jeevan Baadh ||2||	In the state of intuitive balance, peace and tranquility are produced. Without intuitive balance, life is useless. ||2||	ਆਤਮਕ ਅਡੋਲਤਾ ਤੋਂ ਆਤਮਕ ਆਨੰਦ ਤੇ ਸ਼ਾਂਤੀ ਪੈਦਾ ਹੁੰਦੀ ਹੈ, ਆਤਮਕ ਅਡੋਲਤਾ ਤੋਂ ਬਿਨਾ (ਮਨੁੱਖ ਦੀ ਸਾਰੀ) ਜ਼ਿੰਦਗੀ ਵਿਅਰਥ ਜਾਂਦੀ ਹੈ ॥੨॥

2749	68	ਸਹਜਿ ਸਾਲਾਹੀ ਸਦਾ ਸਦਾ ਸਹਜਿ ਸਮਾਧਿ ਲਗਾਇ॥		Sehaj Saalaahee Sadhaa Sadhaa Sehaj Samaadhh Lagaae ||	In the state of intuitive balance, praise the Lord forever and ever. With intuitive ease, embrace Samaadhi.	(ਹੇ ਭਾਈ!) ਤੂੰ ਆਤਮਕ ਅਡੋਲਤਾ ਵਿਚ ਟਿਕ ਕੇ ਆਤਮਕ ਅਡੋਲਤਾ ਵਿਚ ਸਮਾਧੀ ਲਾ ਕੇ ਹੀ ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਰਹੀਂ।
2750	68	ਸਹਜੇ ਹੀ ਗੁਣ ਊਚਰੈ ਭਗਤਿ ਕਰੇ ਲਿਵ ਲਾਇ॥		Sehajae Hee Gun Oocharai Bhagath Karae Liv Laae ||	In the state of intuitive balance, chant His Glories, lovingly absorbed in devotional worship.	ਜੇਹੜਾ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੇ ਗੁਣ ਗਾਂਦਾ ਹੈ, ਪ੍ਰਭੂ-ਚਰਨਾਂ ਵਿਚ ਸੁਰਤ ਜੋੜ ਕੇ ਭਗਤੀ ਕਰਦਾ ਹੈ,
2751	68	ਸਬਦੇ ਹੀ ਹਰਿ ਮਨਿ ਵਸੈ ਰਸਨਾ ਹਰਿ ਰਸੁ ਖਾਇ॥੩॥		Sabadhae Hee Har Man Vasai Rasanaa Har Ras Khaae ||3||	Through the Shabad, the Lord dwells within the mind, and the tongue tastes the Sublime Essence of the Lord. ||3||	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਹੀ ਉਸ ਦੇ ਮਨ ਵਿਚ ਪਰਮਾਤਮਾ ਆ ਵੱਸਦਾ ਹੈ, ਉਸ ਦੀ ਜੀਭ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਦੀ ਰਹਿੰਦੀ ਹੈ ॥੩॥
2752	68	ਸਹਜੇ ਕਾਲੁ ਵਿਡਾਰਿਆ ਸਚ ਸਰਣਾਈ ਪਾਇ॥		Sehajae Kaal Viddaariaa Sach Saranaaee Paae ||	In the poise of intuitive balance, death is destroyed, entering the Sanctuary of the True One.	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਸਰਨ ਪੈ ਕੇ ਆਤਮਕ ਅਡੋਲਤਾ ਵਿਚ ਟਿਕ ਕੇ ਜਿਨ੍ਹਾਂ ਨੇ ਆਤਮਕ ਮੌਤ ਨੂੰ ਮਾਰ ਲਿਆ,
2753	68	ਸਹਜੇ ਹਰਿ ਨਾਮੁ ਮਨਿ ਵਸਿਆ ਸਚੀ ਕਾਰ ਕਮਾਇ॥		Sehajae Har Naam Man Vasiaa Sachee Kaar Kamaae ||	Intuitively balanced, the Name of the Lord dwells within the mind, practicing the lifestyle of Truth.	ਇਹ ਸਦਾ ਨਾਲ ਨਿਭਣ ਵਾਲੀ ਕਾਰ ਕਰਨ ਦੇ ਕਾਰਨ ਉਹਨਾਂ ਦੇ ਅੰਦਰ ਪਰਮਾਤਮਾ ਦਾ ਨਾਮ ਆ ਵੱਸਦਾ ਹੈ।

2754	68	ਸੇ ਵਡਭਾਗੀ ਜਿਨੀ ਪਾਇਆ ਸਹਜੇ ਰਹੇ ਸਮਾਇ॥੪॥		Sae Vaddabhaagee Jinee Paaeiaa Sehajae Rehae Samaae ||4||	Those who have found Him are very fortunate; they remain intuitively absorbed in Him. ||4||	ਤੇ, ਜਿਨ੍ਹਾਂ ਨੇ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲਿਆ, ਉਹ ਬੰਦੇ ਵੱਡੇ ਭਾਗਾਂ ਵਾਲੇ ਹੋ ਗਏ, ਉਹ ਸਦਾ ਆਤਮਕ ਅਡੋਲਤਾ ਵਿਚ ਲੀਨ ਰਹਿੰਦੇ ਹਨ ॥੪॥
2755	68	ਮਾਇਆ ਵਿਚਿ ਸਹਜੁ ਨ ਊਪਜੈ ਮਾਇਆ ਦੂਜੈ ਭਾਇ॥		Maaeiaa Vich Sehaj N Oopajai Maaeiaa Dhoojai Bhaae ||	Within Maya, the poise of intuitive balance is not produced. Maya leads to the love of duality.	ਮਾਇਆ (ਦੇ ਮੋਹ) ਵਿਚ ਟਿਕੇ ਰਿਹਾਂ ਆਤਮਕ ਅਡੋਲਤਾ ਪੈਦਾ ਨਹੀਂ ਹੁੰਦੀ, ਮਾਇਆ ਤਾਂ (ਪ੍ਰਭੂ ਤੋਂ ਬਿਨਾ ਕਿਸੇ) ਹੋਰ ਪਿਆਰ ਵਿਚ (ਫਸਾਂਦੀ ਹੈ)।
2756	68	ਮਨਮੁਖ ਕਰਮ ਕਮਾਵਣੇ ਹਉਮੈ ਜਲੈ ਜਲਾਇ॥		Manamukh Karam Kamaavanae Houmai Jalai Jalaae ||	The self-willed manmukhs perform religious rituals, but they are burnt down by their selfishness and conceit.	ਅਜੇਹੇ ਮਨਮੁਖਤਾ ਵਾਲੇ ਕਰਮ ਕੀਤਿਆਂ ਮਨੁੱਖ ਹਉਮੈ ਵਿਚ ਹੀ ਸੜਦਾ ਹੈ, (ਆਪਣੇ ਆਪ ਨੂੰ ਸਾੜਦਾ ਹੈ।
2757	68	ਜੰਮਣੁ ਮਰਣੁ ਨ ਚੂਕਈ ਫਿਰਿ ਫਿਰਿ ਆਵੈ ਜਾਇ॥੫॥		Janman Maran N Chookee Fir Fir Aavai Jaae ||5||	Their births and deaths do not cease; over and over again, they come and go in reincarnation. ||5||	ਉਸ ਦਾ ਜਨਮ ਮਰਨ ਦਾ ਗੇੜ ਕਦੇ ਮੁੱਕਦਾ ਨਹੀਂ, ਉਹ ਮੁੜ ਮੁੜ ਜੰਮਦਾ ਰਹਿੰਦਾ ਹੈ ॥੫॥

2758	68	ਤ੍ਰਿਹੁ ਗੁਣਾ ਵਿਚਿ ਸਹਜੁ ਨ ਪਾਈਐ ਤ੍ਰੈ ਗੁਣ ਭਰਮਿ ਭੁਲਾਇ॥		Thrihu Gunaa Vich Sehaj N Paaeeai Thrai Gun Bharam Bhulaae ||	In the three qualities, intuitive balance is not obtained; the three qualities lead to delusion and doubt.	ਮਾਇਆ (ਦੇ ਮੋਹ) ਵਿਚ ਟਿਕੇ ਰਿਹਾਂ ਆਤਮਕ ਅਡੋਲਤਾ ਪੈਦਾ ਨਹੀਂ ਹੁੰਦੀ, ਮਾਇਆ ਦੇ ਤਿੰਨ ਗੁਣਾਂ ਦੇ ਕਾਰਨ ਜੀਵ ਭਟਕਣਾ ਵਿਚ ਫਸ ਕੇ ਕੁਰਾਹੇ ਪਿਆ ਰਹਿੰਦਾ ਹੈ।
2759	68	ਪੜੀਐ ਗੁਣੀਐ ਕਿਆ ਕਥੀਐ ਜਾ ਮੁੰਢਹੁ ਘੁਥਾ ਜਾਇ॥	ਪੜ੍ਹੀਐ	Parreeai Guneeai Kiaa Kathheeai Jaa Mundtahu Ghuthhaa Jaae ||	What is the point of reading, studying and debating, if one loses his roots?	(ਇਸ ਹਾਲਤ ਵਿਚ) ਧਾਰਮਿਕ ਪੁਸਤਕਾਂ ਪੜ੍ਹਨ ਦਾ ਵਿਚਾਰਨ ਦਾ ਤੇ ਹੋਰਨਾਂ ਨੂੰ ਸੁਣਾਣ ਦਾ ਕੋਈ ਲਾਭ ਨਹੀਂ ਹੁੰਦਾ, ਕਿਉਂਕਿ ਜੀਵ ਆਪਣੇ ਮੂਲ-ਪ੍ਰਭੂ ਤੋਂ ਖੁੰਝ ਕੇ (ਗ਼ਲਤ ਜੀਵਨ-ਰਾਹ ਤੇ) ਤੁਰਦਾ ਹੈ।
2760	68	ਚਉਥੇ ਪਦ ਮਹਿ ਸਹਜੁ ਹੈ ਗੁਰਮੁਖਿ ਪਲੈ ਪਾਇ॥੬॥		Chouthhae Padh Mehi Sehaj Hai Guramukh Palai Paae ||6||	In the fourth state, there is intuitive balance; the Gurmukhs gather it in. ||6||	(ਮਾਇਆ ਦੇ ਤਿੰਨ ਗੁਣਾਂ ਤੋਂ ਲੰਘ ਕੇ) ਚੌਥੀ ਆਤਮਕ ਅਵਸਥਾ ਵਿਚ ਅੱਪੜਿਆਂ ਮਨ ਦੀ ਸ਼ਾਂਤੀ ਪੈਦਾ ਹੁੰਦੀ ਹੈ, ਤੇ ਇਹ ਆਤਮਕ ਅਵਸਥਾ ਗੁਰੂ ਦੀ ਸਰਨ ਪਿਆਂ ਪ੍ਰਾਪਤ ਹੁੰਦੀ ਹੈ ॥੬॥
2761	68	ਨਿਰਗੁਣ ਨਾਮੁ ਨਿਧਾਨੁ ਹੈ ਸਹਜੇ ਸੋਝੀ ਹੋਇ॥		Niragun Naam Nidhhaan Hai Sehajae Sojhee Hoe ||	The Naam, the Name of the Formless Lord, is the treasure. Through intuitive balance, understanding is obtained.	ਤਿੰਨ ਗੁਣਾਂ ਤੋਂ ਨਿਰਲੇਪ ਪਰਮਾਤਮਾ ਦਾ ਨਾਮ (ਸਭ ਪਦਾਰਥਾਂ ਦਾ) ਖ਼ਜ਼ਾਨਾ ਹੈ, ਆਤਮਕ ਅਡੋਲਤਾ ਵਿਚ ਪਹੁੰਚਿਆਂ ਇਹ ਸਮਝ ਪੈਂਦੀ ਹੈ।

2762	68	ਗੁਣਵੰਤੀ ਸਾਲਾਹਿਆ ਸਚੇ ਸਚੀ ਸੋਇ॥		Gunavanthee Saalaahiaa Sachae Sachee Soe ||	The virtuous praise the True One; their reputation is true.	ਗੁਣਾਂ ਵਾਲੇ ਜੀਵ ਹੀ ਉਸ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦੇ ਹਨ। (ਜੇਹੜਾ ਮਨੁੱਖ ਸਿਫ਼ਤ-ਸਾਲਾਹ ਕਰਦਾ ਹੈ ਉਹ) ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦਾ ਹੈ, ਉਸ ਦੀ ਸੋਭਾ ਭੀ ਅਟੱਲ ਹੋ ਜਾਂਦੀ ਹੈ।
2763	68	ਭੁਲਿਆ ਸਹਜਿ ਮਿਲਾਇਸੀ ਸਬਦਿ ਮਿਲਾਵਾ ਹੋਇ॥੭॥		Bhuliaa Sehaj Milaaeisee Sabadh Milaavaa Hoe ||7||	The wayward are united with God through intuitive balance; through the Shabad, union is obtained. ||7||	(ਉਹ ਪਰਮਾਤਮਾ ਇਤਨਾ ਦਇਆਲ ਹੈ ਕਿ ਉਹ ਸਰਨ ਆਏ) ਕੁਰਾਹੇ ਪਏ ਬੰਦਿਆਂ ਨੂੰ ਆਤਮਕ ਅਡੋਲਤਾ ਵਿਚ ਜੋੜ ਦੇਂਦਾ ਹੈ। ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਸ (ਵਡਭਾਗੀ ਪਰਮਾਤਮਾ ਨਾਲ) ਮਿਲਾਪ ਹੋ ਜਾਂਦਾ ਹੈ ॥੭॥
2764	68	ਬਿਨੁ ਸਹਜੈ ਸਭੁ ਅੰਧੁ ਹੈ ਮਾਇਆ ਮੋਹੁ ਗੁਬਾਰੁ॥		Bin Sehajai Sabh Andhh Hai Maaeiaa Mohu Gubaar ||	Without intuitive balance, all are blind. Emotional attachment to Maya is utter darkness.	ਮਨ ਦੀ ਸ਼ਾਂਤੀ ਤੋਂ ਬਿਨਾ ਸਾਰਾ ਜਗਤ (ਮਾਇਆ ਦੇ ਮੋਹ ਵਿਚ) ਅੰਨ੍ਹਾ ਹੋਇਆ ਰਹਿੰਦਾ ਹੈ, (ਜਗਤ ਉੱਤੇ) ਮਾਇਆ ਦੇ ਮੋਹ ਦਾ ਘੁੱਪ ਹਨੇਰਾ ਛਾਇਆ ਰਹਿੰਦਾ ਹੈ।

2765	68	ਸਹਜੇ ਹੀ ਸੋਝੀ ਪਈ ਸਚੈ ਸਬਦਿ ਅਪਾਰਿ॥		Sehajae Hee Sojhee Pee Sachai Sabadh Apaar ||	In intuitive balance, understanding of the True, Infinite Shabad is obtained.	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਦੀ ਰਾਹੀਂ ਜਿਸ ਮਨੁੱਖ ਨੂੰ ਆਤਮਕ ਅਡੋਲਤਾ ਵਿਚ ਜੁੜ ਕੇ (ਪਰਮਾਤਮਾ ਦੇ ਗੁਣਾਂ ਦੀ) ਸੂਝ ਪੈਂਦੀ ਹੈ, ਉਹ ਉਸ ਅਪਾਰ ਪ੍ਰਭੂ ਵਿਚ (ਸੁਰਤ ਜੋੜੀ ਰੱਖਦਾ ਹੈ)।
2766	68	ਆਪੇ ਬਖਸਿ ਮਿਲਾਇਅਨੁ ਪੂਰੇ ਗੁਰ ਕਰਤਾਰਿ॥੮॥		Aapae Bakhas Milaaeian Poorae Gur Karathaar ||8||	Granting forgiveness, the Perfect Guru unites us with the Creator. ||8||	(ਅਜੇਹੇ ਭਾਗਾਂ ਵਾਲੇ ਬੰਦਿਆਂ ਨੂੰ) ਪੂਰੇ ਗੁਰੂ ਨੇ ਕਰਤਾਰ ਨੇ ਆਪ ਹੀ ਮਿਹਰ ਕਰ ਕੇ (ਆਪਣੇ ਚਰਨਾਂ ਵਿਚ) ਮਿਲਾ ਲਿਆ ਹੁੰਦਾ ਹੈ ॥੮॥
2767	68	ਸਹਜੇ ਅਦਿਸਟੁ ਪਛਾਣੀਐ ਨਿਰਭਉ ਜੋਤਿ ਨਿਰੰਕਾਰੁ॥	ਅ-ਦਿਸਟੁ	Sehajae Adhisatt Pashhaaneeai Nirabho Joth Nirankaar ||	In intuitive balance, the Unseen is recognized-the Fearless, Luminous, Formless Lord.	ਆਤਮਕ ਅਡੋਲਤਾ ਵਿਚ ਪਹੁੰਚ ਕੇ ਉਸ ਪਰਮਾਤਮਾ ਨਾਲ ਸਾਂਝ ਬਣ ਜਾਂਦੀ ਹੈ, ਜੋ ਇਹਨਾਂ ਅੱਖਾਂ ਨਾਲ ਨਹੀਂ ਦਿੱਸਦਾ ਜਿਸ ਨੂੰ ਕਿਸੇ ਦਾ ਡਰ ਨਹੀਂ ਜੋ ਨਿਰਾ ਚਾਨਣ ਹੀ ਚਾਨਣ ਹੈ ਤੇ ਜਿਸ ਦਾ ਕੋਈ ਖ਼ਾਸ ਸਰੂਪ (ਦੱਸਿਆ) ਨਹੀਂ (ਜਾ ਸਕਦਾ)।
2768	68	ਸਭਨਾ ਜੀਆ ਕਾ ਇਕੁ ਦਾਤਾ ਜੋਤੀ ਜੋਤਿ ਮਿਲਾਵਣਹਾਰੁ॥		Sabhanaa Jeeaa Kaa Eik Dhaathaa Jothee Joth Milaavanehaar ||	There is only the One Giver of all beings. He blends our light with His Light.	ਉਹੀ ਪਰਮਾਤਮਾ ਸਾਰੇ ਜੀਵਾਂ ਨੂੰ ਸਭ ਦਾਤਾਂ ਦੇਣ ਵਾਲਾ ਹੈ, ਤੇ ਸਭ ਦੀ ਜੋਤਿ (ਸੁਰਤਿ) ਨੂੰ ਆਪਣੀ ਜੋਤਿ ਵਿਚ ਮਿਲਾਣ ਦੇ ਸਮਰੱਥ ਹੈ।

2769	68	ਪੂਰੈ ਸਬਦਿ ਸਲਾਹੀਐ ਜਿਸ ਦਾ ਅੰਤੁ ਨ ਪਾਰਾਵਾਰੁ॥੯॥		Poorai Sabadh Salaaheeai Jis Dhaa Anth N Paaraavaar ||9||	So praise God through the Perfect Word of His Shabad; He has no end or limitation. ||9||	(ਹੇ ਭਾਈ!) ਪੂਰੇ ਗੁਰੂ ਦੇ ਸ਼ਬਦ ਦੀ ਰਾਹੀਂ ਉਸ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ, ਜਿਸ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ, ਜਿਸ ਦੇ ਵਡੱਪਣ ਦਾ ਉਰਲਾ ਤੇ ਪਰਲਾ ਬੰਨਾ ਨਹੀਂ ਲੱਭ ਸਕਦਾ ॥੯॥
2770	68	ਗਿਆਨੀਆ ਕਾ ਧਨੁ ਨਾਮੁ ਹੈ ਸਹਜਿ ਕਰਹਿ ਵਾਪਾਰੁ॥		Giaaneeaa Kaa Dhhan Naam Hai Sehaj Karehi Vaapaar ||	Those who are wise take the Naam as their wealth; with intuitive ease, they trade with Him.	ਜੇਹੜੇ ਮਨੁੱਖ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦੇ ਹਨ, ਪਰਮਾਤਮਾ ਦਾ ਨਾਮ ਹੀ ਉਹਨਾਂ ਦਾ (ਅਸਲ) ਧਨ ਬਣ ਜਾਂਦਾ ਹੈ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਇਸ ਨਾਮ-ਧਨ ਦਾ ਹੀ ਵਪਾਰ ਕਰਦੇ ਹਨ।
2771	68	ਅਨ ਦਿਨੁ ਲਾਹਾ ਹਰਿ ਨਾਮੁ ਲੈਨਿ ਅਖੁਟ ਭਰੇ ਭੰਡਾਰ॥	ਅ-ਖੁੱਟ	Anadhin Laahaa Har Naam Lain Akhutt Bharae Bhanddaar ||	Night and day, they receive the Profit of the Lord's Name, which is an inexhaustible and over-flowing treasure.	ਉਹ ਹਰ ਵੇਲੇ (ਪਰਮਾਤਮਾ ਦਾ ਨਾਮ ਸਿਮਰ ਕੇ) ਪਰਮਾਤਮਾ ਦਾ ਨਾਮ-ਲਾਭ ਹੀ ਖੱਟਦੇ ਹਨ, ਨਾਮ-ਧਨ ਨਾਲ ਭਰੇ ਹੋਏ ਉਹਨਾਂ ਦੇ ਖ਼ਜ਼ਾਨੇ ਕਦੇ ਮੁੱਕਦੇ ਨਹੀਂ ਹਨ।

2772	68	ਨਾਨਕ ਤੋਟਿ ਨ ਆਵਈ ਦੀਏ ਦੇਵਣਹਾਰਿ॥੧੦॥੬॥੨੩॥		Naanak Thott N Aavee Dheeeae Dhaevanehaar ||10||6||23||	O Nanak, when the Great Giver gives, nothing at all is lacking. ||10||6||23||	ਹੇ ਨਾਨਕ! ਇਹ ਖ਼ਜ਼ਾਨੇ ਦੇਵਣਹਾਰ ਦਾਤਾਰ ਨੇ ਆਪ ਉਹਨਾਂ ਨੂੰ ਦਿੱਤੇ ਹੋਏ ਹਨ, ਇਹਨਾਂ ਖ਼ਜ਼ਾਨਿਆਂ ਵਿਚ ਕਦੇ ਭੀ ਤੋਟ ਨਹੀਂ ਅਉਂਦੀ ॥੧੦॥੬॥੨੩॥
2773	69	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
2774	69	ਸਤਿਗੁਰਿ ਮਿਲਿਐ ਫੇਰੁ ਨ ਪਵੈ ਜਨਮ ਮਰਣ ਦੁਖੁ ਜਾਇ॥		Sathigur Miliai Faer N Pavai Janam Maran Dhukh Jaae ||	Meeting with the True Guru, you shall not have to go through the cycle of reincarnation again; the pains of birth and death will be taken away.	ਜੇ ਗੁਰੂ ਮਿਲ ਪਏ ਤਾਂ (ਚੌਰਾਸੀ ਲੱਖ ਜੂਨਾਂ ਵਾਲਾ) ਫੇਰਾ ਨਹੀਂ ਪੈਂਦਾ, ਜਨਮ ਮਰਨ ਵਿਚ ਪਾਣ ਵਾਲਾ ਦੁਖ ਦੂਰ ਹੋ ਜਾਂਦਾ ਹੈ।
2775	69	ਪੂਰੈ ਸਬਦਿ ਸਭ ਸੋਝੀ ਹੋਈ ਹਰਿ ਨਾਮੈ ਰਹੈ ਸਮਾਇ॥੧॥		Poorai Sabadh Sabh Sojhee Hoee Har Naamai Rehai Samaae ||1||	Through the Perfect Word of the Shabad, all understanding is obtained; remain absorbed in the Name of the Lord. ||1||	ਪੂਰੇ (ਅਭੁੱਲ) ਗੁਰੂ ਦੇ ਸ਼ਬਦ ਵਿਚ ਜੁੜਿਆਂ (ਸਹੀ ਜੀਵਨ ਦੀ) ਸਮਝ ਆ ਜਾਂਦੀ ਹੈ, (ਗੁਰੂ ਦੀ ਸਰਨ ਪੈਣ ਵਾਲਾ ਮਨੁੱਖ) ਪਰਮਾਤਮਾ ਦੇ ਨਾਮ ਵਿਚ ਲੀਨ ਟਿਕਿਆ ਰਹਿੰਦਾ ਹੈ ॥੧॥
2776	69	ਮਨ ਮੇਰੇ ਸਤਿਗੁਰ ਸਿਉ ਚਿਤੁ ਲਾਇ॥		Man Maerae Sathigur Sio Chith Laae ||	O my mind, focus your consciousness on the True Guru.	ਹੇ ਮੇਰੇ ਮਨ! ਗੁਰੂ ਨਾਲ ਚਿੱਤ ਜੋੜ।

2777	69	ਨਿਰਮਲੁ ਨਾਮੁ ਸਦ ਨਵਤਨੋ ਆਪਿ ਵਸੈ ਮਨਿ ਆਇ॥੧॥ਰਹਾਉ॥		Niramal Naam Sadh Navathano Aap Vasai Man Aae ||1|| Rehaao ||	The Immaculate Naam itself, ever-fresh, comes to abide within the mind. ||1||Pause||	(ਗੁਰੂ ਦੀ ਸਰਨ ਪਿਆਂ) ਪਰਮਾਤਮਾ ਦਾ ਪਵਿੱਤ੍ਰ ਨਾਮ ਸਦਾ ਨਵੇਂ ਆਨੰਦ ਵਾਲਾ ਲੱਗਦਾ ਹੈ, ਤੇ ਪਰਮਾਤਮਾ ਆਪ ਮਨ ਵਿਚ ਆ ਵੱਸਦਾ ਹੈ ॥੧॥ ਰਹਾਉ ॥
2778	69	ਹਰਿ ਜੀਉ ਰਾਖਹੁ ਅਪੁਨੀ ਸਰਣਾਈ ਜਿਉ ਰਾਖਹਿ ਤਿਉ ਰਹਣਾ॥		Har Jeeo Raakhahu Apunee Saranaaee Jio Raakhehi Thio Rehanaa ||	O Dear Lord, please protect and preserve me in Your Sanctuary. As You keep me, so do I remain.	ਹੇ ਪ੍ਰਭੂ ਜੀ! ਤੂੰ (ਜੀਵਾਂ ਨੂੰ) ਆਪਣੀ ਸਰਨ ਵਿਚ ਰੱਖ, ਜਿਸ ਆਤਮਕ ਅਵਸਥਾ ਵਿਚ ਤੂੰ (ਜੀਵਾਂ ਨੂੰ) ਰੱਖਦਾ ਹੈਂ ਉਸੇ ਵਿਚ ਉਹ ਰਹਿੰਦੇ ਹਨ।
2779	69	ਗੁਰ ਕੈ ਸਬਦਿ ਜੀਵਤੁ ਮਰੈ ਗੁਰਮੁਖਿ ਭਵਜਲੁ ਤਰਣਾ॥੨॥		Gur Kai Sabadh Jeevath Marai Guramukh Bhavajal Tharanaa ||2||	Through the Word of the Guru's Shabad, the Gurmukh remains dead while yet alive, and swims across the terrifying world-ocean. ||2||	ਗੁਰੂ ਦੇ ਸ਼ਬਦ ਵਿਚ ਜੁੜ ਕੇ ਮਨੁੱਖ ਦੁਨੀਆ ਵਿਚ ਵਿਚਰਦਾ ਹੋਇਆ ਹੀ ਵਿਕਾਰਾਂ ਵਲੋਂ ਹਟਿਆ ਰਹਿੰਦਾ ਹੈ। ਗੁਰੂ ਦੀ ਸਰਨ ਪੈ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ ॥੨॥
2780	69	ਵਡੈਭਾਗਿ ਨਾਉ ਪਾਈਐ ਗੁਰਮਤਿ ਸਬਦਿ ਸੁਹਾਈ॥		Vaddai Bhaag Naao Paaeeai Guramath Sabadh Suhaaee ||	By great good fortune, the Name is obtained. Following the Guru's Teachings, through the Shabad, you shall be exalted.	(ਹੇ ਭਾਈ!) ਪਰਮਾਤਮਾ ਦਾ ਨਾਮ ਵੱਡੀ ਕਿਸਮਤ ਨਾਲ ਮਿਲਦਾ ਹੈ। ਗੁਰੂ ਦੀ ਮਤਿ ਤੇ ਤੁਰਿਆਂ ਗੁਰੂ ਦੇ ਸ਼ਬਦ ਵਿਚ ਜੁੜਿਆਂ ਜ਼ਿੰਦਗੀ ਸੋਹਣੀ ਬਣ ਜਾਂਦੀ ਹੈ।

2781	69	ਆਪੇ ਮਨਿ ਵਸਿਆ ਪ੍ਰਭੁ ਕਰਤਾ ਸਹਜੇ ਰਹਿਆ ਸਮਾਈ॥੩॥		Aapae Man Vasiaa Prabh Karathaa Sehajae Rehiaa Samaaee ||3||	God, the Creator Himself, dwells within the mind; remain absorbed in the state of intuitive balance. ||3||	ਕਰਤਾਰ ਪ੍ਰਭੂ ਆਪ ਹੀ ਮਨ ਵਿਚ ਆ ਵੱਸਦਾ ਹੈ। (ਗੁਰੂ ਦੇ ਸ਼ਬਦ ਦੀ ਰਾਹੀਂ ਮਨੁੱਖ) ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ॥੩॥
2782	69	ਇਕਨਾ ਮਨਮੁਖਿ ਸਬਦੁ ਨ ਭਾਵੈ ਬੰਧਨਿ ਬੰਧਿ ਭਵਾਇਆ॥		Eikanaa Manamukh Sabadh N Bhaavai Bandhhan Bandhh Bhavaaeiaa ||	Some are self-willed manmukhs; they do not love the Word of the Shabad. Bound in chains, they wander lost in reincarnation.	ਕਈ ਐਸੇ ਹਨ ਜੋ ਆਪਣੇ ਹੀ ਮਨ ਦੇ ਪਿੱਛੇ ਤੁਰਦੇ ਹਨ, ਉਹਨਾਂ ਨੂੰ ਗੁਰੂ ਦਾ ਸ਼ਬਦ ਪਿਆਰਾ ਨਹੀਂ ਲੱਗਦਾ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ ਦੇ) ਬੰਧਨ ਵਿਚ ਬੰਨ੍ਹ ਕੇ (ਜਨਮ ਮਰਨ ਦੇ ਗੇੜ ਵਿਚ) ਭਵਾਇਆ ਜਾਂਦਾ ਹੈ।
2783	69	ਲਖ ਚਉਰਾਸੀਹ ਫਿਰਿ ਫਿਰਿ ਆਵੈ ਬਿਰਥਾ ਜਨਮੁ ਗਵਾਇਆ॥੪॥		Lakh Chouraaseeh Fir Fir Aavai Birathhaa Janam Gavaaeiaa ||4||	Through 8.4 million lifetimes, they wander over and over again; they waste away their lives in vain. ||4||	ਉਹ ਚੌਰਾਸੀ ਲੱਖ ਜੂਨਾਂ ਵਿਚ ਮੁੜ ਮੁੜ ਜੰਮਦਾ ਹੈ, ਤੇ ਆਪਣਾ (ਮਨੁੱਖਾ) ਜਨਮ ਵਿਅਰਥ ਗਵਾ ਜਾਂਦਾ ਹੈ ॥੪॥

2784	69	ਭਗਤਾ ਮਨਿ ਆਨੰਦੁ ਹੈ ਸਚੈ ਸਬਦਿ ਰੰਗਿ ਰਾਤੇ॥		Bhagathaa Man Aanandh Hai Sachai Sabadh Rang Raathae ||	In the minds of the devotees there is bliss; they are attuned to the Love of the True Word of the Shabad.	ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦਿਆਂ ਦੇ ਮਨ ਵਿਚ ਆਨੰਦ ਬਣਿਆ ਰਹਿੰਦਾ ਹੈ, ਉਹ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ।
2785	69	ਅਨ ਦਿਨੁ ਗੁਣੁ ਗਾਵਹਿ ਸਦ ਨਿਰਮਲ ਸਹਜੇ ਨਾਮਿ ਸਮਾਤੇ॥੫॥		Anadhin Gun Gaavehi Sadh Niramal Sehajae Naam Samaathae ||5||	Night and day, they constantly sing the Glories of the Immaculate Lord; with intuitive ease, they are absorbed into the Naam, the Name of the Lord. ||5||	ਉਹ ਸਦਾ ਹਰ ਵੇਲੇ ਪਰਮਾਤਮਾ ਦੇ ਪਵਿਤ੍ਰ ਗੁਣ ਗਾਂਦੇ ਰਹਿੰਦੇ ਹਨ, (ਜਿਸ ਦੀ ਬਰਕਤਿ ਨਾਲ ਉਹ) ਆਤਮਕ ਅਡੋਲਤਾ ਵਿਚ ਤੇ ਪ੍ਰਭੂ-ਨਾਮ ਵਿਚ ਹੀ ਲੀਨ ਰਹਿੰਦੇ ਹਨ ॥੫॥
2786	69	ਗੁਰਮੁਖਿ ਅੰਮ੍ਰਿਤ ਬਾਣੀ ਬੋਲਹਿ ਸਭ ਆਤਮ ਰਾਮੁ ਪਛਾਣੀ॥		Guramukh Anmrith Baanee Bolehi Sabh Aatham Raam Pashhaanee ||	The Gurmukhs speak the Ambrosial Bani; they recognize the Lord, the Supreme Soul in all.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਸਾਰੀ ਸ੍ਰਿਸ਼ਟੀ ਵਿਚ ਪਰਮਾਤਮਾ ਨੂੰ ਵੱਸਦਾ ਪਛਾਣ ਕੇ ਆਤਮਕ ਜੀਵਨ ਦੇਣ ਵਾਲੀ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਉਚਾਰਦੇ ਰਹਿੰਦੇ ਹਨ।

2787	69	ਏਕੋ ਸੇਵਨਿ ਏਕੁ ਅਰਾਧਹਿ ਗੁਰਮੁਖਿ ਅਕਥ ਕਹਾਣੀ॥੬॥	ਅ-ਕਥ: ਪੋਲਾ ਬੋਲੋ	Eaeko Saevan Eaek Araadhhehi Guramukh Akathh Kehaanee ||6||	They serve the One; they worship and adore the One. The Gurmukhs speak the Unspoken Speech. ||6||	ਗੁਰੂ ਦੀ ਸਰਨ ਪੈ ਕੇ ਉਹ ਮਨੁੱਖ ਇਕ ਪਰਮਾਤਮਾ ਦਾ ਹੀ ਸਿਮਰਨ ਕਰਦੇ ਹਨ। ਪਰਮਾਤਮਾ ਦਾ ਹੀ ਆਰਾਧਨ ਕਰਦੇ ਹਨ, ਤੇ ਉਸ ਪਰਮਾਤਮਾ ਦੀਆਂ ਹੀ ਕਥਾ-ਕਹਾਣੀਆਂ ਕਰਦੇ ਹਨ ਜਿਸ ਦੇ ਸਾਰੇ ਗੁਣ ਬਿਆਨ ਨਹੀਂ ਹੋ ਸਕਦੇ ॥੬॥
2788	69	ਸਚਾ ਸਾਹਿਬੁ ਸੇਵੀਐ ਗੁਰਮੁਖਿ ਵਸੈ ਮਨਿ ਆਇ॥		Sachaa Saahib Saeveeai Guramukh Vasai Man Aae ||	The Gurmukhs serve their True Lord and Master, who comes to dwell in the mind.	(ਹੇ ਭਾਈ!) ਸਦਾ-ਥਿਰ ਰਹਿਣ ਵਾਲੇ ਮਾਲਕ-ਪ੍ਰਭੂ ਨੂੰ ਸਿਮਰਨਾ ਚਾਹੀਦਾ ਹੈ। ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਸਿਮਰਦੇ ਹਨ, ਉਹਨਾਂ ਦੇ ਮਨ ਵਿਚ ਪ੍ਰਭੂ ਆ ਵੱਸਦਾ ਹੈ।
2789	69	ਸਦਾ ਰੰਗਿ ਰਾਤੇ ਸਚ ਸਿਉ ਅਪੁਨੀ ਕਿਰਪਾ ਕਰੇ ਮਿਲਾਇ॥੭॥		Sadhaa Rang Raathae Sach Sio Apunee Kirapaa Karae Milaae ||7||	They are forever attuned to the Love of the True One, who bestows His Mercy and unites them with Himself. ||7||	(ਉਹ ਵਡ-ਭਾਗੀ ਮਨੁੱਖ) ਸਦਾ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਸਦਾ-ਥਿਰ ਪ੍ਰਭੂ ਨਾਲ ਜੁੜੇ ਰਹਿੰਦੇ ਹਨ, ਪ੍ਰਭੂ ਆਪਣੀ ਕਿਰਪਾ ਕਰ ਕੇ ਉਹਨਾਂ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ ॥੭॥

2790	69	ਆਪੇ ਕਰੇ ਕਰਾਏ ਆਪੇ ਇਕਨਾ ਸੁਤਿਆ ਦੇਇ ਜਗਾਇ॥	ਸੁੱਤਿਆਂ, ਦੇ-ਇ	Aapae Karae Karaaeae Aapae Eikanaa Suthiaa Dhaee Jagaae ||	He Himself does, and He Himself causes others to do; He wakes some from their sleep.	(ਪਰ ਇਹ ਸਾਰੀ ਖੇਜ ਪਰਮਾਤਮਾ ਦੇ ਆਪਣੇ ਹੀ ਹੱਥ ਵਿਚ ਹੈ) ਪ੍ਰਭੂ ਆਪ ਹੀ (ਸਭ ਜੀਵਾਂ ਵਿਚ ਪ੍ਰੇਰਕ ਹੋ ਕੇ ਸਭ ਕੁਝ) ਕਰਦਾ ਹੈ ਆਪ ਹੀ (ਜੀਵਾਂ ਪਾਸੋਂ) ਕਰਾਂਦਾ ਹੈ। ਮਾਇਆ ਦੀ ਨੀਂਦ ਵਿੱਚ ਸੁੱਤੇ ਹੋਏ ਕਈ ਜੀਵਾਂ ਨੂੰ ਭੀ ਪ੍ਰਭੂ ਆਪ ਹੀ ਜਗਾ ਦੇਂਦਾ ਹੈ।
2791	69	ਆਪੇ ਮੇਲਿ ਮਿਲਾਇਦਾ ਨਾਨਕ ਸਬਦਿ ਸਮਾਇ॥੮॥੭॥੨੪॥		Aapae Mael Milaaeidhaa Naanak Sabadh Samaae ||8||7||24||	He Himself unites us in Union; Nanak is absorbed in the Shabad. ||8||7||24||	ਹੇ ਨਾਨਕ! ਗੁਰੂ ਦੇ ਸ਼ਬਦ ਵਿਚ ਜੋੜ ਕੇ ਪ੍ਰਭੂ ਆਪ ਹੀ (ਉਹਨਾਂ ਨੂੰ) ਆਪਣੇ ਚਰਨਾਂ ਵਿਚ ਮਿਲਾ ਲੈਂਦਾ ਹੈ ॥੮॥੭॥੨੪॥
2792	69	ਸਿਰੀਰਾਗੁ ਮਹਲਾ ੩॥		Sireeraag Mehalaa 3 ||	Siree Raag, Third Mehl:	
2793	69	ਸਤਿਗੁਰਿ ਸੇਵਿਐ ਮਨੁ ਨਿਰਮਲਾ ਭਏ ਪਵਿਤੁ ਸਰੀਰ॥		Sathigur Saeviai Man Niramalaa Bheae Pavith Sareer ||	Serving the True Guru, the mind becomes immaculate, and the body becomes pure.	ਜੇ ਗੁਰੂ ਦਾ ਪੱਲਾ ਫੜੀ ਰੱਖੀਏ, ਤਾਂ ਮਨ ਪਵਿਤ੍ਰ ਹੋ ਜਾਂਦਾ ਹੈ, ਸਰੀਰ (ਭੀ) ਪਵਿਤ੍ਰ ਹੋ ਜਾਂਦਾ ਹੈ (ਭਾਵ, ਗਿਆਨ-ਇੰਦ੍ਰੇ ਵਿਕਾਰਾਂ ਵਲੋਂ ਹਟੇ ਰਹਿੰਦੇ ਹਨ)।

2794	69	ਮਨਿ ਆਨੰਦੁ ਸਦਾ ਸੁਖੁ ਪਾਇਆ ਭੇਟਿਆ ਗਹਿਰ ਗੰਭੀਰੁ॥		Man Aanandh Sadhaa Sukh Paaeiaa Bhaettiaa Gehir Ganbheer ||	The mind obtains bliss and eternal peace, meeting with the Deep and Profound Lord.	(ਜੇਹੜਾ ਮਨੁੱਖ ਗੁਰੂ ਦੇ ਦਰ ਤੇ ਆ ਜਾਂਦਾ ਹੈ ਉਸ ਦੇ) ਮਨ ਵਿਚ ਆਨੰਦ ਪੈਦਾ ਹੁੰਦਾ ਹੈ, ਉਹ ਸਦਾ ਲਈ ਆਤਮਕ ਸੁਖ ਮਾਣਦਾ ਹੈ, ਉਸ ਨੂੰ ਡੂੰਘਾ ਤੇ ਵੱਡੇ ਜਿਗਰੇ ਵਾਲਾ ਪਰਮਾਤਮਾ ਮਿਲ ਪੈਂਦਾ ਹੈ।
2795	69	ਸਚੀ ਸੰਗਤਿ ਬੈਸਣਾ ਸਚਿ ਨਾਮਿ ਮਨੁ ਧੀਰ॥੧॥		Sachee Sangath Baisanaa Sach Naam Man Dhheer ||1||	Sitting in the Sangat, the True Congregation, the mind is comforted and consoled by the True Name. ||1||	ਸਦਾ-ਥਿਰ ਪ੍ਰਭੂ ਦੀ ਸੰਗਤਿ ਵਿਚ ਟਿਕੇ ਰਿਹਾਂ ਮਨ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਨਾਮ ਵਿਚ ਟਿਕਾਉ ਹਾਸਲ ਕਰ ਲੈਂਦਾ ਹੈ ॥੧॥
2796	69	ਮਨ ਰੇ ਸਤਿਗੁਰੁ ਸੇਵਿ ਨਿਸੰਗੁ॥	(ਨਿਸੰਗੁ) ਨਿਧੜਕ	Man Rae Sathigur Saev Nisang ||	O mind, serve the True Guru without hesitation.	ਹੇ ਮੇਰੇ ਮਨ! ਝਾਕਾ ਲਾਹ ਕੇ ਗੁਰੂ ਦੀ ਸਰਨ ਪਉ।
2797	69	ਸਤਿਗੁਰੁ ਸੇਵਿਐ ਹਰਿ ਮਨਿ ਵਸੈ ਲਗੈ ਨ ਮੈਲੁ ਪਤੰਗੁ॥੧॥ਰਹਾਉ॥		Sathigur Saeviai Har Man Vasai Lagai N Mail Pathang ||1|| Rehaao ||	Serving the True Guru, the Lord abides within the mind, and no trace of filth shall attach itself to you. ||1||Pause||	(ਹੇ ਭਾਈ!) ਗੁਰੂ ਦੀ ਸਰਨ ਪਿਆਂ ਪਰਮਾਤਮਾ ਮਨ ਵਿਚ ਵੱਸਦਾ ਹੈ, ਤੇ (ਮਨ ਨੂੰ ਵਿਕਾਰਾਂ ਦੀ) ਰਤਾ ਭੀ ਮੈਲ ਨਹੀਂ ਲੱਗਦੀ ॥੧॥ ਰਹਾਉ ॥

2798	69	ਸਚੈ ਸਬਦਿ ਪਤਿ ਊਪਜੈ ਸਚੇ ਸਚਾ ਨਾਉ॥		Sachai Sabadh Path Oopajai Sachae Sachaa Naao ||	From the True Word of the Shabad comes honor. True is the Name of the True One.	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਜੁੜਿਆਂ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ; ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਸਦਾ-ਥਿਰ ਨਾਮ ਮਿਲ ਜਾਂਦਾ ਹੈ।
2799	69	ਜਿਨੀ ਹਉਮੈ ਮਾਰਿ ਪਛਾਣਿਆ ਹਉ ਤਿਨ ਬਲਿਹਾਰੈ ਜਾਉ॥		Jinee Houmai Maar Pashhaaniaa Ho Thin Balihaarai Jaao ||	I am a sacrifice to those who conquer their ego and recognize the Lord.	ਮੈਂ ਉਹਨਾਂ ਬੰਦਿਆਂ ਤੋਂ ਸਦਕੇ ਜਾਂਦਾ ਹਾਂ, ਜਿਨ੍ਹਾਂ ਨੇ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਹੈ।
2800	69	ਮਨਮੁਖ ਸਚੁ ਨ ਜਾਣਨੀ ਤਿਨ ਠਉਰ ਨ ਕਤਹੂ ਥਾਉ॥੨॥		Manamukh Sach N Jaananee Thin Thour N Kathehoo Thhaao ||2||	The self-willed manmukhs do not know the True One; they find no shelter, and no place of rest anywhere. ||2||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਸਦਾ-ਥਿਰ ਪ੍ਰਭੂ ਨਾਲ ਜਾਣ-ਪਛਾਣ ਨਹੀਂ ਪਾ ਸਕਦੇ (ਇਸ ਵਾਸਤੇ ਆਤਮਕ ਸ਼ਾਂਤੀ ਵਾਸਤੇ) ਉਹਨਾਂ ਨੂੰ ਹੋਰ ਕੋਈ ਥਾਂ-ਥਿੱਤਾ ਨਹੀਂ ਮਿਲਦਾ ॥੨॥
2801	69	ਸਚੁ ਖਾਣਾ ਸਚੁ ਪੈਨਣਾ ਸਚੇ ਹੀ ਵਿਚਿ ਵਾਸੁ॥		Sach Khaanaa Sach Painanaa Sachae Hee Vich Vaas ||	Those who take the Truth as their food and the Truth as their clothing, have their home in the True One.	ਸਦਾ-ਥਿਰ ਪ੍ਰਭੂ ਦਾ ਨਾਮ ਜਿਨ੍ਹਾਂ ਮਨੁੱਖਾਂ ਦੀ ਆਤਮਕ ਖ਼ੁਰਾਕ ਬਣ ਗਿਆ ਹੈ, ਪ੍ਰਭੂ ਦਾ ਨਾਮ ਹੀ ਜਿਨ੍ਹਾਂ ਦੀ ਪੁਸ਼ਾਕ ਹੈ (ਆਦਰ-ਸਤਕਾਰ ਹਾਸਲ ਕਰਨ ਦਾ ਵਸੀਲਾ ਹੈ), ਜਿਨ੍ਹਾਂ ਦੀ ਸੁਰਤ ਸਦਾ-ਥਿਰ ਪ੍ਰਭੂ ਵਿਚ ਹੀ ਜੁੜੀ ਰਹਿੰਦੀ ਹੈ,

2802	69	ਸਦਾ ਸਚਾ ਸਾਲਾਹਣਾ ਸਚੈ ਸਬਦਿ ਨਿਵਾਸੁ॥		Sadhaa Sachaa Saalaahanaa Sachai Sabadh Nivaas ||	They constantly praise the True One, and in the True Word of the Shabad they have their dwelling.	ਜੋ ਮਨੁੱਖ ਸਦਾ-ਥਿਰ ਪ੍ਰਭੂ ਦੀ ਸਦਾ ਸਿਫਤਿ-ਸਾਲਾਹ ਕਰਦੇ ਰਹਿੰਦੇ ਹਨ, ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਸ਼ਬਦ ਵਿਚ ਜਿਨ੍ਹਾਂ ਦਾ ਮਨ ਟਿਕਿਆ ਰਹਿੰਦਾ ਹੈ,
2803	69	ਸਭੁ ਆਤਮ ਰਾਮੁ ਪਛਾਣਿਆ ਗੁਰਮਤੀ ਨਿਜ ਘਰਿ ਵਾਸੁ॥੩॥		Sabh Aatham Raam Pashhaaniaa Guramathee Nij Ghar Vaas ||3||	They recognize the Lord, the Supreme Soul in all, and through the Guru's Teachings they dwell in the home of their own inner self. ||3||	ਉਹਨਾਂ ਨੇ ਹਰ ਥਾਂ ਸਰਬ ਵਿਆਪਕ ਪਰਮਾਤਮਾ ਨੂੰ ਵੱਸਦਾ ਪਛਾਣ ਲਿਆ ਹੈ, ਗੁਰੂ ਦੀ ਮਤਿ ਤੇ ਤੁਰ ਕੇ ਉਹਨਾਂ ਦੀ ਸੁਰਤ ਅੰਤਰ ਆਤਮੇ ਟਿਕੀ ਰਹਿੰਦੀ ਹੈ ॥੩॥
2804	69	ਸਚੁ ਵੇਖਣੁ ਸਚੁ ਬੋਲਣਾ ਤਨੁ ਮਨੁ ਸਚਾ ਹੋਇ॥		Sach Vaekhan Sach Bolanaa Than Man Sachaa Hoe ||	They see the Truth, and they speak the Truth; their bodies and minds are True.	ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਨੂੰ ਹੀ ਹਰ ਥਾਂ ਵੇਖਦਾ ਹੈ, ਸਦਾ-ਥਿਰ ਪ੍ਰਭੂ ਹੀ ਜਿਸ ਨੂੰ ਹਰ ਥਾਂ ਬੋਲਦਾ ਦਿੱਸਦਾ ਹੈ ਉਸ ਦਾ ਸਰੀਰ (ਮਾਇਆ ਦੇ ਹੱਲਿਆਂ ਵਲੋਂ) ਅਡੋਲ ਹੋ ਜਾਂਦਾ ਹੈ ਉਸ ਦਾ ਮਨ (ਵਿਕਾਰਾਂ ਦੇ ਹੱਲਿਆਂ ਵਲੋਂ) ਅਡੋਲ ਹੋ ਜਾਂਦਾ ਹੈ।
2805	69	ਸਚੀ ਸਾਖੀ ਉਪਦੇਸੁ ਸਚੁ ਸਚੇ ਸਚੀ ਸੋਇ॥		Sachee Saakhee Oupadhaes Sach Sachae Sachee Soe ||	True are their teachings, and True are their instructions; True are the reputations of the true ones.	ਸਦਾ-ਥਿਰ ਪ੍ਰਭੂ ਦਾ ਸਿਮਰਨ ਹੀ ਉਹ ਸਿੱਖਿਆ ਤੇ ਉਪਦੇਸ਼ ਗ੍ਰਹਿਣ ਕਰਦਾ ਹੈ। ਸਦਾ-ਥਿਰ ਪ੍ਰਭੂ ਦਾ ਰੂਪ ਹੋ ਚੁਕੇ ਉਸ (ਵਡਭਾਗੀ ਮਨੁੱਖ) ਦੀ ਸੋਭਾ ਅਟੱਲ ਹੋ ਜਾਂਦੀ ਹੈ।

2806	69	ਜਿੰਨੀ ਸਚੁ ਵਿਸਾਰਿਆ ਸੇ ਦੁਖੀਏ ਚਲੇ ਰੋਇ॥੪॥	ਜਿੰਨ੍ਹੀ	Jinnee Sach Visaariaa Sae Dhukheeeae Chalae Roe ||4||	Those who have forgotten the True One are miserable- they depart weeping and wailing. ||4||	ਪਰ ਜਿਨ੍ਹਾਂ ਮਨੁੱਖਾਂ ਨੇ ਸਦਾ-ਥਿਰ ਪ੍ਰਭੂ ਨੂੰ (ਇਥੇ) ਭੁਲਾਈ ਰੱਖਿਆ, ਉਹ (ਇਥੇ ਭੀ) ਦੁਖੀ ਰਹੇ, ਤੇ ਇਥੋਂ ਤੁਰੇ ਭੀ ਦੁਖੀ ਹੋ ਹੋ ਕੇ ॥੪॥
2807	69	ਸਤਿਗੁਰੁ ਜਿਨੀ ਨ ਸੇਵਿਓ ਸੇ ਕਿਤੁ ਆਏ ਸੰਸਾਰਿ॥		Sathigur Jinee N Saeviou Sae Kith Aaeae Sansaar ||	Those who have not served the True Guru- why did they even bother to come into the world?	ਜਿਨ੍ਹਾਂ ਬੰਦਿਆਂ ਨੇ ਸਤਿਗੁਰੂ ਦਾ ਪੱਲਾ ਨਾਹ ਫੜਿਆ ਉਹਨਾਂ ਦਾ ਸੰਸਾਰ ਵਿਚ ਆਉਣਾ ਵਿਅਰਥ ਗਿਆ।
2808	69	ਜਮ ਦਰਿ ਬਧੇ ਮਾਰੀਅਹਿ ਕੂਕ ਨ ਸੁਣੈ ਪੂਕਾਰ॥	ਬੱਧੇ	Jam Dhar Badhhae Maareeahi Kook N Sunai Pookaar ||	They are bound and gagged and beaten at Death's door, but no one hears their shrieks and cries.	ਉਹ ਜਮ ਦੇ ਦਰਵਾਜ਼ੇ ਤੇ ਬੱਧੇ ਮਾਰੀ ਕੁੱਟੀਦੇ ਹਨ, ਕੋਈ ਉਹਨਾਂ ਦੀ ਕੂਕ ਪੁਕਾਰ ਵਲ ਧਿਆਨ ਨਹੀਂ ਦੇਂਦਾ।
2809	69	ਬਿਰਥਾ ਜਨਮੁ ਗਵਾਇਆ ਮਰਿ ਜੰਮਹਿ ਵਾਰੋ ਵਾਰ॥੫॥		Birathhaa Janam Gavaaeiaa Mar Janmehi Vaaro Vaar ||5||	They waste their lives uselessly; they die and are reincarnated over and over again. ||5||	ਉਹਨਾਂ ਮਨੁੱਖਾ ਜਨਮ ਵਿਅਰਥ ਗਵਾ ਦਿੱਤਾ, ਤੇ ਫਿਰ ਮੁੜ ਮੁੜ ਜੰਮਦੇ ਮਰਦੇ ਰਹਿੰਦੇ ਹਨ ॥੫॥

2810	70	ਏਹੁ ਜਗੁ ਜਲਤਾ ਦੇਖਿ ਕੈ ਭਜਿ ਪਏ ਸਤਿਗੁਰ ਸਰਣਾ॥	ਭੱਜਿ	Eaehu Jag Jalathaa Dhaekh Kai Bhaj Peae Sathigur Saranaa ||	Seeing this world on fire, I rushed to the Sanctuary of the True Guru.	ਜੇਹੜੇ ਮਨੁੱਖ ਇਸ ਜਗਤ ਨੂੰ (ਵਿਕਾਰਾਂ ਦੀ ਤਪਸ਼ ਵਿਚ) ਸੜਦਾ ਵੇਖ ਕੇ ਛੇਤੀ ਨਾਲ ਗੁਰੂ ਦੀ ਸ਼ਰਨ ਜਾ ਪਏ, ਗੁਰੂ ਨੇ ਉਹਨਾਂ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਦਾ ਨਾਮ ਪੱਕਾ ਟਿਕਾ ਦਿੱਤਾ,
2811	70	ਸਤਿਗੁਰਿ ਸਚੁ ਦਿੜਾਇਆ ਸਦਾ ਸਚਿ ਸੰਜਮਿ ਰਹਣਾ॥		Sathigur Sach Dhirraaeiaa Sadhaa Sach Sanjam Rehanaa ||	The True Guru has implanted the Truth within me; I dwell steadfastly in Truth and self-restraint.	ਉਹਨਾਂ ਨੂੰ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਤੇ (ਸੋਹਣੀ) ਜੀਵਨ-ਮਰਯਾਦਾ ਵਿਚ ਰਹਿਣ ਦੀ ਜਾਚ ਸਿਖਾ ਦਿੱਤੀ।
2812	70	ਸਤਿਗੁਰੁ ਸਚਾ ਹੈ ਬੋਹਿਥਾ ਸਬਦੇ ਭਵਜਲੁ ਤਰਣਾ॥੬॥		Sathigur Sachaa Hai Bohithhaa Sabadhae Bhavajal Tharanaa ||6||	The True Guru is the Boat of Truth; in the Word of the Shabad, we cross over the terrifying world-ocean. ||6||	(ਹੇ ਭਾਈ!) ਗੁਰੂ ਸਦਾ ਕਾਇਮ ਰਹਿਣ ਵਾਲਾ ਜਹਾਜ਼ ਹੈ। ਗੁਰੂ ਦੇ ਸ਼ਬਦ ਵਿਚ ਜੁੜ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ ॥੬॥
2813	70	ਲਖ ਚਉਰਾਸੀਹ ਫਿਰਦੇ ਰਹੇ ਬਿਨੁ ਸਤਿਗੁਰ ਮੁਕਤਿ ਨ ਹੋਈ॥		Lakh Chouraaseeh Firadhae Rehae Bin Sathigur Mukath N Hoee ||	People continue wandering through the cycle of 8.4 million incarnations; without the True Guru, liberation is not obtained.	(ਜੇਹੜੇ ਗੁਰੂ ਦੀ ਸਰਨ ਤੋਂ ਵਾਂਝੇ ਰਹੇ ਉਹ) ਚੌਰਸੀ ਲੱਖ ਜੂਨਾਂ ਦੇ ਗੇੜ ਵਿਚ ਭਟਕਦੇ ਫਿਰਦੇ ਹਨ, ਗੁਰੂ ਤੋਂ ਬਿਨਾ (ਇਸ ਗੇੜ ਵਿਚੋਂ) ਖ਼ਲਾਸੀ ਨਹੀਂ ਮਿਲਦੀ।

2814	70	ਪੜਿ ਪੜਿ ਪੰਡਿਤ ਮੋਨੀ ਥਕੇ ਦੂਜੈ ਭਾਇ ਪਤਿ ਖੋਈ॥	ਥੱਕੇ	Parr Parr Panddith Monee Thhakae Dhoojai Bhaae Path Khoee ||	Reading and studying, the Pandits and the silent sages have grown weary, but attached to the love of duality, they have lost their honor.	ਪੰਡਿਤ ਲੋਕ (ਸ਼ਾਸਤ੍ਰ ਆਦਿ ਧਰਮ-ਪੁਸਤਕਾਂ ਨੂੰ) ਪੜ੍ਹ ਪੜ੍ਹ ਕੇ ਥੱਕ ਗਏ, ਮੋਨ-ਧਾਰੀ ਸਾਧੂ ਸਮਾਧੀਆਂ ਲਾ ਲਾ ਕੇ ਥੱਕ ਗਏ (ਗੁਰੂ ਦੀ ਸਰਨ ਤੋਂ ਬਿਨਾ ਚੌਰਾਸੀ ਦੇ ਗੇੜ ਤੋਂ ਖ਼ਲਾਸੀ ਪ੍ਰਾਪਤ ਨਾਹ ਕਰ ਸਕੇ, ਉਹਨਾਂ ਨੇ ਸਗੋਂ) ਪ੍ਰਭੂ ਤੋਂ ਬਿਨਾ ਹੋਰ ਦੇ ਪਿਆਰ ਵਿਚ ਆਪਣੀ ਇੱਜ਼ਤ ਗਵਾ ਲਈ।
2815	70	ਸਤਿਗੁਰਿ ਸਬਦੁ ਸੁਣਾਇਆ ਬਿਨੁ ਸਚੇ ਅਵਰੁ ਨ ਕੋਈ॥੭॥		Sathigur Sabadh Sunaaeiaa Bin Sachae Avar N Koee ||7||	The True Guru teaches the Word of the Shabad; without the True One, there is no other at all. ||7||	ਜਿਸ ਮਨੁੱਖ ਨੂੰ ਗੁਰੂ ਨੇ ਆਪਣਾ ਸ਼ਬਦ ਸੁਣਾ ਦਿੱਤਾ (ਉਸ ਨੂੰ ਨਿਸ਼ਚਾ ਹੋ ਗਿਆ ਕਿ) ਸਦਾ-ਥਿਰ ਪ੍ਰਭੂ ਤੋਂ ਬਿਨਾ ਹੋਰ ਕੋਈ (ਜੀਵ ਦਾ ਰਾਖਾ) ਨਹੀਂ ਹੈ ॥੭॥
2816	70	ਜੋ ਸਚੈ ਲਾਏ ਸੇ ਸਚਿ ਲਗੇ ਨਿਤ ਸਚੀ ਕਾਰ ਕਰੰਨਿ॥		Jo Sachai Laaeae Sae Sach Lagae Nith Sachee Kaar Karann ||	Those who are linked by the True One are linked to Truth. They always act in Truth.	(ਪਰ ਜੀਵਾਂ ਦੇ ਭੀ ਕੀਹ ਵੱਸ?) ਜਿਨ੍ਹਾਂ ਜੀਵਾਂ ਨੂੰ ਸਦਾ-ਥਿਰ ਪ੍ਰਭੂ ਨੇ ਆਪਣੀ ਯਾਦ ਵਿਚ ਜੋੜਿਆ, ਉਹੀ ਸਦਾ-ਥਿਰ ਦੇ ਨਾਮ ਵਿਚ ਲੱਗੇ ਹਨ, ਉਹੀ ਸਦਾ ਇਹ ਨਾਲ ਨਿਭਣ ਵਾਲੀ ਕਾਰ ਕਰਦੇ ਹਨ।

2817	70	ਤਿਨਾ ਨਿਜ ਘਰਿ ਵਾਸਾ ਪਾਇਆ ਸਚੈ ਮਹਲਿ ਰਹੰਨਿ॥		Thinaa Nij Ghar Vaasaa Paaeiaa Sachai Mehal Rehann ||	They attain their dwelling in the home of their own inner being, and they abide in the Mansion of Truth.	ਉਹਨਾਂ ਬੰਦਿਆਂ ਨੇ (ਮਾਇਆ ਦੀ ਭਟਕਣਾ ਤੋਂ ਬਚ ਕੇ) ਅੰਤਰ-ਆਤਮੇ ਟਿਕਾਣਾ ਪ੍ਰਾਪਤ ਕਰ ਲਿਆ ਹੈ, ਉਹ ਬੰਦੇ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਹਜ਼ੂਰੀ ਵਿਚ ਰਹਿੰਦੇ ਹਨ।
2818	70	ਨਾਨਕ ਭਗਤ ਸੁਖੀਏ ਸਦਾ ਸਚੈ ਨਾਮਿ ਰਚੰਨਿ॥੮॥੧੭॥੮॥੨੫॥		Naanak Bhagath Sukheeeae Sadhaa Sachai Naam Rachann ||8||17||8||25||	O Nanak, the devotees are happy and peaceful forever. They are absorbed in the True Name. ||8||17||8||25||	ਹੇ ਨਾਨਕ! ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ ਸਦਾ ਸੁਖੀ ਰਹਿੰਦੇ ਹਨ, ਉਹ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਸਦਾ ਮਸਤ ਰਹਿੰਦੇ ਹਨ ॥੮॥੧੭॥੮॥੨੫॥{69-70}
2819	70	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
2820	70	ਜਾ ਕਉ ਮੁਸਕਲੁ ਅਤਿ ਬਣੈ ਢੋਈ ਕੋਇ ਨ ਦੇਇ॥		Jaa Ko Musakal Ath Banai Dtoee Koe N Dhaee ||	When you are confronted with terrible hardships, and no one offers you any support,	ਜਿਸ ਮਨੁੱਖ ਨੂੰ (ਕੋਈ) ਭਾਰੀ ਬਿਪਤਾ ਆ ਪਏ (ਜਿਸ ਤੋਂ ਬਚਣ ਲਈ) ਕੋਈ ਮਨੁੱਖ ਉਸ ਨੂੰ ਸਹਾਰਾ ਨਾਹ ਦੇਵੇ,
2821	70	ਲਾਗੂ ਹੋਏ ਦੁਸਮਨਾ ਸਾਕ ਭਿ ਭਜਿ ਖਲੇ॥	ਦੁਸਮਨਾ: ਸੱਸੇ ਪੈਰ ਬਿੰਦੀ ਨਹੀਂ ਲੌਣੀ। ਭੱਜਿ। ਖਲੇ: ਪੋਲਾ ਬੋਲੋ	Laagoo Hoeae Dhusamanaa Saak Bh Bhaj Khalae ||	When your friends turn into enemies, and even your relatives have deserted you,	ਵੈਰੀ ਉਸ ਦੇ ਮਾਰੂ ਬਣ ਜਾਣ, ਉਸ ਦੇ ਸਾਕ-ਸਨਬੰਧੀ ਉਸ ਤੋਂ ਪਰੇ ਦੌੜ ਜਾਣ,

2822	70	ਸਭੋ ਭਜੈ ਆਸਰਾ ਚੁਕੈ ਸਭੁ ਅਸਰਾਉ॥	ਸੱਭੋ। ਭੱਜੈ। ਚੁੱਕੈ	Sabho Bhajai Aasaraa Chukai Sabh Asaraao ||	And when all support has given way, and all hope has been lost	ਉਸ ਦਾ ਹਰੇਕ ਕਿਸਮ ਦਾ ਆਸਰਾ ਖ਼ਤਮ ਹੋ ਜਾਏ, ਹਰੇਕ ਤਰ੍ਹਾਂ ਦਾ ਸਹਾਰਾ ਮੁੱਕ ਜਾਏ,
2823	70	ਚਿਤਿ ਆਵੈ ਓਸੁ ਪਾਰਬ੍ਰਹਮੁ ਲਗੈ ਨ ਤਤੀ ਵਾਉ॥੧॥	ਲੱਗੈ। ਤੱਤੀ	Chith Aavai Ous Paarabreham Lagai N Thathee Vaao ||1||	-if you then come to remember the Supreme Lord God, even the hot wind shall not touch you. ||1||	ਜੇ ਉਸ (ਬਿਪਤਾ ਮਾਰੇ) ਮਨੁੱਖ ਦੇ ਹਿਰਦੇ ਵਿਚ ਪਰਮਾਤਮਾ (ਯਾਦ) ਆ ਜਾਏ, ਤਾ ਉਸ ਦਾ ਵਾਲ ਭੀ ਵਿੰਗਾ ਨਹੀਂ ਹੁੰਦਾ ॥੧॥
2824	70	ਸਾਹਿਬੁ ਨਿਤਾਣਿਆ ਕਾ ਤਾਣੁ॥		Saahib Nithaaniaa Kaa Thaan ||	Our Lord and Master is the Power of the powerless.	ਮਾਲਕ-ਪ੍ਰਭੂ ਕਮਜ਼ੋਰਾਂ ਦਾ ਸਹਾਰਾ ਹੈ,
2825	70	ਆਇ ਨ ਜਾਈ ਥਿਰੁ ਸਦਾ ਗੁਰ ਸਬਦੀ ਸਚੁ ਜਾਣੁ॥੧॥ਰਹਾਉ॥		Aae N Jaaee Thhir Sadhaa Gur Sabadhee Sach Jaan ||1|| Rehaao ||	He does not come or go; He is Eternal and Permanent. Through the Word of the Guru's Shabad, He is known as True. ||1||Pause||	ਉਹ ਨਾਹ ਜੰਮਦਾ ਹੈ ਨਾਹ ਮਰਦਾ ਹੈ, ਸਦਾ ਹੀ ਕਾਇਮ ਰਹਿਣ ਵਾਲਾ ਹੈ। (ਹੇ ਭਾਈ!) ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨਾਲ ਡੂੰਘੀ ਸਾਂਝ ਬਣਾ ॥੧॥ ਰਹਾਉ ॥
2826	70	ਜੇ ਕੋ ਹੋਵੈ ਦੁਬਲਾ ਨੰਗ ਭੁਖ ਕੀ ਪੀਰ॥	ਦੁਬਲਾ: ਪੋਲਾ ਬੋਲੋ	Jae Ko Hovai Dhubalaa Nang Bhukh Kee Peer ||	If you are weakened by the pains of hunger and poverty,	ਜੇ ਕੋਈ ਮਨੁੱਖ (ਅਜੇਹਾ) ਕਮਜ਼ੋਰ ਹੋ ਜਾਏ (ਕਿ) ਭੁੱਖ ਨੰਗ ਦਾ ਦੁੱਖ (ਉਸ ਨੂੰ ਹਰ ਵੇਲੇ ਖਾਂਦਾ ਰਹੇ),

2827	70	ਦਮੜਾ ਪਲੈ ਨਾ ਪਵੈ ਨਾ ਕੋ ਦੇਵੈ ਧੀਰ॥	ਪੱਲੈ	Dhamarraa Palai Naa Pavai Naa Ko Dhaevai Dhheer ||	With no money in your pockets, and no one will give you any comfort,	ਜੇ ਉਸ ਦੇ ਪੱਲੇ ਪੈਸਾ ਨਾਹ ਹੋਵੇ, ਕੋਈ ਮਨੁੱਖ ਉਸ ਨੂੰ ਹੌਸਲਾ ਨਾ ਦੇਵੇ;
2828	70	ਸੁਆਰਥੁ ਸੁਆਉ ਨ ਕੋ ਕਰੇ ਨਾ ਕਿਛੁ ਹੋਵੈ ਕਾਜੁ॥		Suaarathh Suaao N Ko Karae Naa Kishh Hovai Kaaj ||	And no one will satisfy your hopes and desires, and none of your works is accomplished	ਕੋਈ ਮਨੁੱਖ ਉਸ ਦੀ ਲੋੜ ਗ਼ਰਜ਼ ਪੂਰੀ ਨਾਹ ਕਰੇ, ਉਸ ਪਾਸੋਂ ਆਪਣਾ ਕੋਈ ਕੰਮ ਸਿਰੇ ਨਾਹ ਚੜ੍ਹ ਸਕੇ,
2829	70	ਚਿਤਿ ਆਵੈ ਓਸੁ ਪਾਰਬ੍ਰਹਮੁ ਤਾ ਨਿਹਚਲੁ ਹੋਵੈ ਰਾਜੁ॥੨॥		Chith Aavai Ous Paarabreham Thaa Nihachal Hovai Raaj ||2||	-if you then come to remember the Supreme Lord God, you shall obtain the eternal kingdom. ||2||	(ਅਜੇਹੀ ਦੁਰਦਸ਼ਾ ਵਿਚ ਹੁੰਦਿਆਂ ਭੀ) ਜੇ ਪਰਮਾਤਮਾ ਉਸ ਦੇ ਚਿੱਤ ਵਿਚ ਆ ਵੱਸੇ, ਤਾਂ ਉਸ ਦਾ ਅਟੱਲ ਰਾਜ ਬਣ ਜਾਂਦਾ ਹੈ (ਭਾਵ, ਉਸ ਦੀ ਆਤਮਕ ਅਵਸਥਾ ਅਜੇਹੇ ਬਾਦਸ਼ਾਹਾਂ ਵਾਲੀ ਹੋ ਜਾਂਦੀ ਹੈ ਜਿਨ੍ਹਾਂ ਦਾ ਰਾਜ ਕਦੇ ਨਾਹ ਡੋਲੇ) ॥੨॥
2830	70	ਜਾ ਕਉ ਚਿੰਤਾ ਬਹੁਤੁ ਬਹੁਤੁ ਦੇਹੀ ਵਿਆਪੈ ਰੋਗੁ॥		Jaa Ko Chinthaa Bahuth Bahuth Dhaehee Viaapai Rog ||	When you are plagued by great and excessive anxiety, and diseases of the body;	ਜਿਸ ਮਨੁੱਖ ਨੂੰ ਹਰ ਵੇਲੇ ਬੜੀ ਚਿੰਤਾ ਬਣੀ ਰਹੇ, ਜਿਸ ਦੇ ਸਰੀਰ ਨੂੰ (ਕੋਈ ਨ ਕੋਈ) ਰੋਗ ਗ੍ਰਸੀ ਰੱਖੇ,

2831	70	ਗ੍ਰਿਸਤਿ ਕੁਟੰਬਿ ਪਲੇਟਿਆ ਕਦੇ ਹਰਖੁ ਕਦੇ ਸੋਗੁ॥	ਗ੍ਰਿਸਤਿ: ਗੱਗਾ ਮੁਕਤਾ, ਅੱਧੇ ਰਾਰੇ ਸਿਹਾਰੀ ਲਾਉ	Grisath Kuttanb Palaettiaa Kadhae Harakh Kadhae Sog ||	When you are wrapped up in the attachments of household and family, sometimes feeling joy, and then other times sorrow;	ਜੇਹੜਾ ਗ੍ਰਿਹਸਤ (ਦੇ ਜੰਜਾਲ) ਵਿਚ ਪਰਵਾਰ (ਦੇ ਜੰਜਾਲ) ਵਿਚ (ਸਦਾ) ਫਸਿਆ ਰਹੇ, ਜਿਸ ਨੂੰ ਕਦੇ ਕੋਈ ਖ਼ੁਸ਼ੀ ਹੈ ਤੇ ਕਦੇ ਕੋਈ ਗ਼ਮ ਘੇਰੀ ਰਖਦਾ ਹੈ,
2832	70	ਗਉਣੁ ਕਰੇ ਚਹੁ ਕੁੰਟ ਕਾ ਘੜੀ ਨ ਬੈਸਣੁ ਸੋਇ॥		Goun Karae Chahu Kuntt Kaa Gharree N Baisan Soe ||	When you are wandering around in all four directions, and you cannot sit or sleep even for a moment	ਜੇਹੜਾ ਮਨੁੱਖ ਸਾਰੀ ਧਰਤੀ ਉੱਤੇ ਇਸ ਤਰ੍ਹਾਂ ਭਟਕਦਾ ਫਿਰਦਾ ਹੈ ਕਿ ਉਸ ਨੂੰ ਘੜੀ ਭਰ ਬਹਿਣਾ ਭੀ ਨਸੀਬ ਨਹੀਂ ਹੁੰਦਾ,
2833	70	ਚਿਤਿ ਆਵੈ ਓਸੁ ਪਾਰਬ੍ਰਹਮੁ ਤਨੁ ਮਨੁ ਸੀਤਲੁ ਹੋਇ॥੩॥		Chith Aavai Ous Paarabreham Than Man Seethal Hoe ||3||	-if you come to remember the Supreme Lord God, then your body and mind shall be cooled and soothed. ||3||	ਪਰ ਜੇ ਪਰਮਾਤਮਾ ਉਸ ਦੇ ਚਿੱਤ ਵਿੱਚ ਆ ਵੱਸੇ, ਤਾਂ ਉਸ ਦਾ ਤਨ ਸ਼ਾਂਤ ਹੋ ਜਾਂਦਾ ਹੈ ਉਸ ਦਾ ਮਨ (ਸੰਤੋਖ ਨਾਲ) ਠੰਢਾ-ਠਾਰ ਹੋ ਜਾਂਦਾ ਹੈ ॥੩॥
2834	70	ਕਾਮਿ ਕਰੋਧਿ ਮੋਹਿ ਵਸਿ ਕੀਆ ਕਿਰਪਨ ਲੋਭਿ ਪਿਆਰੁ॥	ਵੱਸਿ	Kaam Karodhh Mohi Vas Keeaa Kirapan Lobh Piaar ||	When you are under the power of sexual desire, anger and worldly attachment, or a greedy miser in love with your wealth;	ਜੇ ਕਿਸੇ ਮਨੁੱਖ ਨੂੰ ਕਾਮ ਨੇ ਕ੍ਰੋਧ ਨੇ ਮੋਹ ਨੇ ਆਪਣੇ ਵੱਸ ਵਿਚ ਕੀਤਾ ਹੋਇਆ ਹੋਵੇ, ਜੇ ਉਸ ਸ਼ੂਮ ਦਾ ਪਿਆਰ (ਸਦਾ) ਲੋਭ ਵਿਚ ਹੀ ਹੋਵੇ,

2835	70	ਚਾਰੇ ਕਿਲਵਿਖ ਉਨਿ ਅਘ ਕੀਏ ਹੋਆ ਅਸੁਰ ਸੰਘਾਰੁ॥	ਅਘ: ਪੋਲਾ ਬੋਲੋ। ਅ-ਸੁਰ	Chaarae Kilavikh Oun Agh Keeeae Hoaa Asur Sanghaar ||	If you have committed the four great sins and other mistakes; even if you are a murderous fiend	ਜੇ ਉਸ ਨੇ (ਉਹਨਾਂ ਵਿਕਾਰਾਂ ਦੇ ਵੱਸ ਹੋ ਕੇ) ਚਾਰੇ ਹੀ ਉੱਘੇ ਪਾਪ ਅਪਰਾਧ ਕੀਤੇ ਹੋਏ ਹੋਣ, ਜੇ ਉਹ ਅਜੇਹਾ ਭੈੜਾ ਹੋ ਗਿਆ ਹੋਵੇ ਕਿ ਉਸ ਦਾ ਮਾਰ ਦੇਣਾ ਹੀ ਚੰਗਾ ਹੋਵੇ,
2836	70	ਪੋਥੀ ਗੀਤ ਕਵਿਤ ਕਿਛੁ ਕਦੇ ਨ ਕਰਨਿ ਧਰਿਆ॥	ਕਵਿ-ਤ: ਪੋਲਾ ਬੋਲੋ	Pothhee Geeth Kavith Kishh Kadhae N Karan Dhhariaa ||	Who has never taken the time to listen to sacred books, hymns and poetry	ਜੇ ਉਸ ਨੇ ਕਦੇ ਭੀ ਕੋਈ ਧਰਮ ਪੁਸਤਕ ਕੋਈ ਧਰਮ ਗੀਤ ਕੋਈ ਧਾਰਮਿਕ ਕਵਿਤਾ ਸੁਣੀ ਨਾਹ ਹੋਵੇ,
2837	70	ਚਿਤਿ ਆਵੈ ਓਸੁ ਪਾਰਬ੍ਰਹਮੁ ਤਾ ਨਿਮਖ ਸਿਮਰਤ ਤਰਿਆ॥੪॥		Chith Aavai Ous Paarabreham Thaa Nimakh Simarath Thariaa ||4||	-if you then come to remember the Supreme Lord God, and contemplate Him, even for a moment, you shall be saved. ||4||	ਪਰ ਜੇ ਪਰਮਾਤਮਾ ਉਸ ਦੇ ਚਿੱਤ ਵਿਚ ਆ ਵੱਸੇ, ਤਾਂ ਉਹ ਅੱਖ ਦੇ ਫੋਰ ਜਿਤਨੇ ਜਿਤਨੇ ਸਮੇ ਲਈ ਹੀ ਪ੍ਰਭੂ ਦਾ ਸਿਮਰਨ ਕਰ ਕੇ (ਇਹਨਾਂ ਸਾਰੇ ਵਿਕਾਰਾਂ ਦੇ ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ ॥੪॥
2838	70	ਸਾਸਤ ਸਿੰਮ੍ਰਿਤਿ ਬੇਦ ਚਾਰਿ ਮੁਖਾਗਰ ਬਿਚਰੇ॥	ਸਿੰਮ੍ਰਿਤਿ: ਮ ਮੁਕਤਾ, ਅੱਧਾ ਰਾਰਾ, ਪੋਲਾ ਬੋਲ ਕੇ, ਇੱਕ ਸਿਹਾਰੀ ਅੱਧੇ ਰਾਰੇ, ਇੱਕ ਸਿਹਾਰੀ ਤੱਤੇ ਲਾਉ। ਮੁਖੱਾਗਰ। ਬਿਚਰੇ: ਪੋਲਾ ਬੋਲੋ	Saasath Sinmrith Baedh Chaar Mukhaagar Bicharae ||	People may recite by heart the Shaastras, the Simritees and the four Vedas;	ਜੇ ਕੋਈ ਮਨੁੱਖ ਚਾਰੇ ਵੇਦ ਸਾਰੇ ਸ਼ਾਸਤ੍ਰ ਤੇ ਸਾਰੀਆਂ ਸਿਮ੍ਰਿਤੀਆਂ ਨੂੰ ਮੂੰਹ-ਜ਼ਬਾਨੀ (ਉਚਾਰ ਕੇ) ਵਿਚਾਰ ਸਕਦਾ ਹੋਵੇ,

2839	70	ਤਪੇ ਤਪੀਸਰ ਜੋਗੀਆ ਤੀਰਥਿ ਗਵਨੁ ਕਰੇ॥		Thapae Thapeesar Jogeeaa Theerathh Gavan Karae ||	They may be ascetics, great, self-disciplined Yogis; they may visit sacred shrines of pilgrimage	ਜੇ ਉਹ ਵੱਡੇ ਵੱਡੇ ਤਪੀਆਂ ਤੇ ਜੋਗੀਆਂ ਵਾਂਗ (ਹਰੇਕ) ਤੀਰਥ ਉਤੇ ਜਾਂਦਾ ਹੋਵੇ,
2840	70	ਖਟੁ ਕਰਮਾ ਤੇ ਦੁਗੁਣੇ ਪੂਜਾ ਕਰਤਾ ਨਾਇ॥	(ਖਟੁ) ਛੇ ਕਰਮ ਇਹ ਹਨ:ਦਾਨ ਦੇਣਾ ਲੈਣਾ, ਯੱਗ ਕਰਨੇ ਕਰਾਉਣੇ, ਵੇਦ ਪੜ੍ਹਨੇ ਪੜ੍ਹਾਉਣੇ। ਦੁੱਗੁਣੇ। ਨ੍ਹਾਇ	Khatt Karamaa Thae Dhugunae Poojaa Karathaa Naae ||	And perform the six ceremonial rituals, over and over again, performing worship services and ritual bathings.	ਜੇ ਉਹ (ਤੀਰਥਾਂ ਉਤੇ) ਇਸ਼ਨਾਨ ਕਰ ਕੇ (ਦੇਵੀ ਦੇਵਤਿਆਂ ਦੀ) ਪੂਜਾ ਕਰਦਾ ਹੋਵੇ ਤੇ (ਮੰਨੇ-ਪਰਮੰਨੇ) ਛੇ (ਧਾਰਮਿਕ) ਕੰਮਾਂ ਨਾਲੋਂ ਦੂਣੇ (ਧਾਰਮਿਕ ਕਰਮ ਨਿੱਤ) ਕਰਦਾ ਹੋਵੇ;
2841	70	ਰੰਗੁ ਨ ਲਗੀ ਪਾਰਬ੍ਰਹਮ ਤਾ ਸਰਪਰ ਨਰਕੇ ਜਾਇ॥੫॥		Rang N Lagee Paarabreham Thaa Sarapar Narakae Jaae ||5||	Even so, if they have not embraced love for the Supreme Lord God, then they shall surely go to hell. ||5||	ਪਰ ਜੇ ਪਰਮਾਤਮਾ (ਦੇ ਚਰਨਾਂ) ਦਾ ਪਿਆਰ (ਉਸ ਦੇ ਅੰਦਰ) ਨਹੀਂ ਹੈ, ਤਾਂ ਉਹ ਜ਼ਰੂਰ ਨਰਕ ਵਿਚ ਹੀ ਜਾਂਦਾ ਹੈ ॥੫॥
2842	70	ਰਾਜ ਮਿਲਕ ਸਿਕਦਾਰੀਆ ਰਸ ਭੋਗਣ ਬਿਸਥਾਰ॥		Raaj Milak Sikadhaareeaa Ras Bhogan Bisathhaar ||	You may possess empires, vast estates, authority over others, and the enjoyment of myriads of pleasures;	ਜੇ ਕਿਸੇ ਮਨੁੱਖ ਨੂੰ (ਮੁਲਕਾਂ ਦੇ) ਰਾਜ ਮਿਲੇ ਹੋਏ ਹੋਣ, ਬੇਅੰਤ ਜ਼ਮੀਨਾਂ ਦੀ ਮਾਲਕੀ ਮਿਲੀ ਹੋਵੇ, ਜੇ (ਉਸ ਦੀਆਂ ਹਰ ਥਾਂ) ਸਰਦਾਰੀਆਂ ਬਣੀਆਂ ਹੋਈਆਂ ਹੋਣ, ਦੁਨੀਆ ਦੇ ਅਨੇਕਾਂ ਪਦਾਰਥਾਂ ਦੇ ਭੋਗ ਭੋਗਦਾ ਹੋਵੇ,

2843	70	ਬਾਗ ਸੁਹਾਵੇ ਸੋਹਣੇ ਚਲੈ ਹੁਕਮੁ ਅਫਾਰ॥		Baag Suhaavae Sohanae Chalai Hukam Afaar ||	You may have delightful and beautiful gardens, and issue unquestioned commands;	ਜੇ ਉਸ ਦੇ ਪਾਸ ਸੋਹਣੇ ਸੁੰਦਰ ਬਾਗ਼ ਹੋਣ, ਜੇ (ਇਹਨਾਂ ਸਾਰੇ ਪਦਾਰਥਾਂ ਦੀ ਮਲਕੀਅਤ ਦੇ ਕਾਰਨ ਉਸ) ਅਹੰਕਾਰੀ (ਹੋਏ) ਦਾ ਹੁਕਮ ਹਰ ਕੋਈ ਮੰਨਦਾ ਹੋਵੇ,
2844	70	ਰੰਗ ਤਮਾਸੇ ਬਹੁ ਬਿਧੀ ਚਾਇ ਲਗਿ ਰਹਿਆ॥	(ਤਮਾਸੇ) ਸੱਸੇ ਪੈਰ ਬਿੰਦੀ ਨਹੀਂ ਲਾਉਣੀ। ਬਿਧੀ: ਪੋਲਾ ਬੋਲੋ	Rang Thamaasae Bahu Bidhhee Chaae Lag Rehiaa ||	You may have enjoyments and entertainments of all sorts and kinds, and continue to enjoy exciting pleasures	ਜੇ ਉਹ ਦੁਨੀਆ ਦੇ ਕਈ ਕਿਸਮਾਂ ਦੇ ਰੰਗ-ਤਮਾਸ਼ਿਆਂ ਵਿਚ ਚਾ-ਮਲਾਰ ਵਿਚ ਰੁੱਝਾ ਰਹਿੰਦਾ ਹੋਵੇ,
2845	70	ਚਿਤਿ ਨ ਆਇਓ ਪਾਰਬ੍ਰਹਮੁ ਤਾ ਸਰਪ ਕੀ ਜੂਨਿ ਗਇਆ॥੬॥	ਗ-ਇਆ	Chith N Aaeiou Paarabreham Thaa Sarap Kee Joon Gaeiaa ||6||	-and yet, if you do not come to remember the Supreme Lord God, you shall be reincarnated as a snake. ||6||	ਪਰ ਜੇ ਪਰਮਾਤਮਾ ਉਸ ਦੇ ਚਿੱਤ ਵਿਚ ਕਦੇ ਨਾਹ ਆਇਆ ਹੋਵੇ ਤਾਂ ਉਸ ਨੂੰ ਸੱਪ ਦੀ ਜੂਨ ਵਿਚ ਗਿਆ ਸਮਝੋ ॥੬॥
2846	70	ਬਹੁਤੁ ਧਨਾਢਿ ਅਚਾਰਵੰਤੁ ਸੋਭਾ ਨਿਰਮਲ ਰੀਤਿ॥		Bahuth Dhhanaadt Achaaravanth Sobhaa Niramal Reeth ||	You may possess vast riches, maintain virtuous conduct, have a spotless reputation and observe religious customs;	ਜੇ ਕੋਈ ਮਨੁੱਖ ਬੜੇ ਧਨ ਵਾਲਾ ਹੋਵੇ, ਚੰਗੀ ਰਹਿਣੀ-ਬਹਿਣੀ ਵਾਲਾ ਹੋਵੇ, ਸੋਭਾ ਵਾਲਾ ਹੋਵੇ ਤੇ ਸਾਫ਼ ਸੁਥਰੀ ਜੀਵਨ-ਮਰਯਾਦਾ ਵਾਲਾ ਹੋਵੇ,

2847	70	ਮਾਤ ਪਿਤਾ ਸੁਤ ਭਾਈਆ ਸਾਜਨ ਸੰਗਿ ਪਰੀਤਿ॥		Maath Pithaa Suth Bhaaeeaa Saajan Sang Pareeth ||	You may have the loving affections of mother, father, children, siblings and friends;	ਜੇ ਉਸ ਦਾ ਆਪਣੇ ਮਾਂ ਪਿਉ ਪੁੱਤਰਾਂ ਭਰਾਵਾਂ ਤੇ ਸੱਜਣਾਂ-ਮਿੱਤਰਾਂ ਨਾਲ ਪ੍ਰੇਮ ਹੋਵੇ,
2848	70	ਲਸਕਰ ਤਰਕਸ ਬੰਦ ਬੰਦ ਜੀਉ ਜੀਉ ਸਗਲੀ ਕੀਤ॥		Lasakar Tharakasabandh Bandh Jeeo Jeeo Sagalee Keeth ||	You may have armies well-equipped with weapons, and all may salute you with respect;	ਜੇ ਤਰਕਸ਼ ਬੰਨ੍ਹਣ ਵਾਲੇ ਜੋਧਿਆਂ ਦੇ ਲਸ਼ਕਰ ਉਸ ਨੂੰ ਸਲਾਮਾਂ ਕਰਦੇ ਹੋਣ, ਸਾਰੀ ਸ੍ਰਿਸ਼ਟੀ ਹੀ ਉਸ ਨੂੰ 'ਜੀ ਜੀ' ਆਖਦੀ ਹੋਵੇ,
2849	71	ਚਿਤਿ ਨ ਆਇਓ ਪਾਰਬ੍ਰਹਮੁ ਤਾ ਖੜਿ ਰਸਾਤਲਿ ਦੀਤ॥੭॥	(ਖੜਿ) ਲਿਜਾ ਕੇ। ਖੜਿ: ੜ ਹਲੰਤ ਨਹੀਂ ਲਾਉਣਾ	Chith N Aaeiou Paarabreham Thaa Kharr Rasaathal Dheeth ||7||	But still, if you do not come to remember the Supreme Lord God, then you shall be taken and consigned to the most hideous hell! ||7||	ਪਰ ਜੇ ਪਰਮਾਤਮਾ ਉਸ ਦੇ ਚਿੱਤ ਵਿਚ ਨਹੀਂ ਵੱਸਦਾ ਤਾਂ ਉਹ (ਆਖ਼ਰ) ਲਿਜਾ ਕੇ ਨਰਕ ਵਿਚ ਪਾਇਆ ਜਾਂਦਾ ਹੈ ॥੭॥
2850	71	ਕਾਇਆ ਰੋਗੁ ਨ ਛਿਦ੍ਰੁ ਕਿਛੁ ਨਾ ਕਿਛੁ ਕਾੜਾ ਸੋਗੁ॥		Kaaeiaa Rog N Shhidhra Kishh Naa Kishh Kaarraa Sog ||	You may have a body free of disease and deformity, and have no worries or grief at all;	ਜੇ ਕਿਸੇ ਮਨੁੱਖ ਦੇ ਸਰੀਰ ਨੂੰ ਕਦੇ ਕੋਈ ਰੋਗ ਨਾਹ ਲੱਗਾ ਹੋਵੇ, ਕੋਈ ਕਿਸੇ ਤਰ੍ਹਾਂ ਦੀ ਤਕਲਫ਼ਿ ਨਾਹ ਆਈ ਹੋਵੇ, ਕਿਸੇ ਤਰ੍ਹਾਂ ਦਾ ਕੋਈ ਚਿੰਤਾ-ਫ਼ਿਕਰ ਉਸ ਨੂੰ ਨਾਹ ਹੋਵੇ,

2851	71	ਮਿਰਤੁ ਨ ਆਵੀ ਚਿਤਿ ਤਿਸੁ ਅਹਿ ਨਿਸਿ ਭੋਗੈ ਭੋਗੁ॥		Mirath N Aavee Chith This Ahinis Bhogai Bhog ||	You may be unmindful of death, and night and day revel in pleasures;	ਜੇ ਉਸ ਨੂੰ ਕਦੇ ਮੌਤ (ਦਾ ਫ਼ਿਕਰ) ਚੇਤੇ ਨਾਹ ਆਇਆ ਹੋਵੇ, ਜੇ ਉਹ ਦਿਨ ਰਾਤ ਦੁਨੀਆ ਦੇ ਭੋਗ ਭੋਗਦਾ ਰਹਿੰਦਾ ਹੋਵੇ,
2852	71	ਸਭ ਕਿਛੁ ਕੀਤੋਨੁ ਆਪਣਾ ਜੀਇ ਨ ਸੰਕ ਧਰਿਆ॥	ਜੀ-ਇ: ਸਿਹਾਰੀ ਖ਼ਿਆਲ ਨਾਲ ਬੋਲੋ ਲੰਬੀ ਬੋਲਣ ਨਾਲ ਲਾਂ ਲੱਗ ਜਾਂਦੀ ਹੈ	Sabh Kishh Keethon Aapanaa Jeee N Sank Dhhariaa ||	You may take everything as your own, and have no fear in your mind at all;	ਜੇ ਉਸ ਨੇ ਦੁਨੀਆ ਦੀ ਹਰੇਕ ਚੀਜ਼ ਨੂੰ ਆਪਣੀ ਬਣਾ ਲਿਆ ਹੋਵੇ, ਕਦੇ ਉਸ ਦੇ ਚਿਤ ਵਿਚ (ਆਪਣੀ ਮਲਕੀਅਤ ਬਾਰੇ) ਕੋਈ ਸ਼ੰਕਾ ਨਾਹ ਉਠਿਆ ਹੋਵੇ,
2853	71	ਚਿਤਿ ਨ ਆਇਓ ਪਾਰਬ੍ਰਹਮੁ ਜਮਕੰਕਰ ਵਸਿ ਪਰਿਆ॥੮॥		Chith N Aaeiou Paarabreham Jamakankar Vas Pariaa ||8||	But still, if you do not come to remember the Supreme Lord God, you shall fall under the power of the Messenger of Death. ||8||	ਪਰ ਜੇ ਪਰਮਾਤਮਾ ਉਸ ਦੇ ਚਿੱਤ ਵਿਚ ਕਦੇ ਨਹੀਂ ਆਇਆ ਤਾਂ ਉਹ ਅੰਤ ਜਮਰਾਜ ਦੇ ਦੂਤਾਂ ਦੇ ਵੱਸ ਪੈਂਦਾ ਹੈ ॥੮॥
2854	71	ਕਿਰਪਾ ਕਰੇ ਜਿਸੁ ਪਾਰਬ੍ਰਹਮੁ ਹੋਵੈ ਸਾਧੂਸੰਗੁ॥		Kirapaa Karae Jis Paarabreham Hovai Saadhhoo Sang ||	The Supreme Lord showers His Mercy, and we find the Saadh Sangat, the Company of the Holy.	ਜਿਸ (ਵਡ-ਭਾਗੀ) ਮਨੁੱਖ ਉਤੇ ਪਰਮਾਤਮਾ ਮਿਹਰ ਕਰਦਾ ਹੈ, ਉਸ ਨੂੰ ਸਤ ਸੰਗ ਪ੍ਰਾਪਤ ਹੁੰਦਾ ਹੈ।
2855	71	ਜਿਉ ਜਿਉ ਓਹੁ ਵਧਾਈਐ ਤਿਉ ਤਿਉ ਹਰਿ ਸਿਉ ਰੰਗੁ॥		Jio Jio Ouhu Vadhhaaeeai Thio Thio Har Sio Rang ||	The more time we spend there, the more we come to love the Lord.	(ਤੇ ਇਹ ਇਕ ਕੁਦਰਤੀ ਨਿਯਮ ਹੈ ਕਿ) ਜਿਉਂ ਜਿਉਂ ਉਹ (ਸਤ ਸੰਗ ਵਿਚ ਬੈਠਣਾ) ਵਧਾਇਆ ਜਾਂਦਾ ਹੈ ਤਿਉਂ ਤਿਉਂ ਪਰਮਾਤਮਾ ਨਾਲ ਪਿਆਰ (ਭੀ ਵਧਦਾ ਜਾਂਦਾ ਹੈ)।

2856	71	ਦੁਹਾ ਸਿਰਿਆ ਕਾ ਖਸਮੁ ਆਪਿ ਅਵਰੁ ਨ ਦੂਜਾ ਥਾਉ॥		Dhuhaa Siriaa Kaa Khasam Aap Avar N Dhoojaa Thhaao ||	The Lord is the Master of both worlds; there is no other place of rest.	(ਪਰ ਦੁਨੀਆ ਦਾ ਮੋਹ ਤੇ ਪ੍ਰਭੂ-ਚਰਨਾਂ ਦਾ ਪਿਆਰ ਇਹਨਾਂ) ਦੋਹਾਂ ਪਾਸਿਆਂ ਦਾ ਮਾਲਕ ਪਰਮਾਤਮਾ ਆਪ ਹੈ (ਕਿਸੇ ਨੂੰ ਮਾਇਆ ਦੇ ਮੋਹ ਵਿਚ ਪਾਈ ਰੱਖਦਾ ਹੈ, ਕਿਸੇ ਨੂੰ ਆਪਣੇ ਚਰਨਾਂ ਦਾ ਪਿਆਰ ਬਖ਼ਸ਼ਦਾ ਹੈ, ਉਸ ਪ੍ਰਭੂ ਤੋਂ ਬਿਨਾ ਜੀਵਾਂ ਵਸਤੇ) ਕੋਈ ਹੋਰ ਦੂਜਾ ਸਹਾਰਾ ਨਹੀਂ ਹੈ।
2857	71	ਸਤਿਗੁਰ ਤੁਠੈ ਪਾਇਆ ਨਾਨਕ ਸਚਾ ਨਾਉ॥੯॥੧॥੨੬॥		Sathigur Thuthai Paaeiaa Naanak Sachaa Naao ||9||1||26||	When the True Guru is pleased and satisfied, O Nanak, the True Name is obtained. ||9||1||26||	ਹੇ ਨਾਨਕ! (ਜਦੋਂ ਪ੍ਰਭੂ ਦੀ ਮਿਹਰ ਹੋਵੇ, ਤਾਂ ਉਹ ਗੁਰੂ ਮਿਲਾਂਦਾ ਹੈ, ਤੇ) ਗੁਰੂ ਦੇ ਪ੍ਰਸੰਨ ਹੋਇਆਂ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਨਾਮ ਪ੍ਰਾਪਤ ਹੋ ਜਾਂਦਾ ਹੈ ॥੯॥੧॥੨੬॥{70-71}
2858	71	ਸਿਰੀਰਾਗੁ ਮਹਲਾ ੫ ਘਰੁ ੫॥		Sireeraag Mehalaa 5 Ghar 5 ||	Siree Raag, Fifth Mehl, Fifth House:	
2859	71	ਜਾਨਉ ਨਹੀ ਭਾਵੈ ਕਵਨ ਬਾਤਾ॥		Jaano Nehee Bhaavai Kavan Baathaa ||	I do not know what pleases my Lord.	ਮੈਨੂੰ ਸਮਝ ਨਹੀਂ ਕਿ ਪਰਮਾਤਮਾ ਨੂੰ ਕੇਹੜੀ ਗੱਲ ਚੰਗੀ ਲੱਗਦੀ ਹੈ।
2860	71	ਮਨ ਖੋਜਿ ਮਾਰਗੁ॥੧॥ਰਹਾਉ॥		Man Khoj Maarag ||1|| Rehaao ||	O mind, seek out the way! ||1||Pause||	ਹੇ ਮੇਰੇ ਮਨ! ਤੂੰ (ਉਹ) ਰਸਤਾ ਲੱਭ (ਜਿਸ ਉਤੇ ਤੁਰਿਆਂ ਪ੍ਰਭੂ ਪ੍ਰਸੰਨ ਹੋ ਜਾਏ) ॥੧॥ ਰਹਾਉ ॥

2861	71	ਧਿਆਨੀ ਧਿਆਨੁ ਲਾਵਹਿ॥		Dhhiaanee Dhhiaan Laavehi ||	The meditatives practice meditation,	ਸਮਾਧੀਆਂ ਲਾਣ ਵਾਲੇ ਲੋਕ ਸਮਾਧੀਆਂ ਲਾਂਦੇ ਹਨ,
2862	71	ਗਿਆਨੀ ਗਿਆਨੁ ਕਮਾਵਹਿ॥		Giaanee Giaan Kamaavehi ||	And the wise practice spiritual wisdom,	ਵਿਦਵਾਨ ਲੋਕ ਧਰਮ-ਚਰਚਾ ਕਰਦੇ ਹਨ,
2863	71	ਪ੍ਰਭੁ ਕਿਨਹੀ ਜਾਤਾ॥੧॥	ਜੱਾਤਾ	Prabh Kin Hee Jaathaa ||1||	But how rare are those who know God! ||1||	ਪਰ ਪਰਮਾਤਮਾ ਨੂੰ ਕਿਸੇ ਵਿਰਲੇ ਨੇ ਹੀ ਸਮਝਿਆ ਹੈ (ਭਾਵ, ਇਹਨਾਂ ਤਰੀਕਿਆਂ ਨਾਲ ਪਰਮਾਤਮਾ ਨਹੀਂ ਮਿਲਦਾ) ॥੧॥
2864	71	ਭਗਉਤੀ ਰਹਤ ਜੁਗਤਾ॥	ਰ-ਹ-ਤ: ਤਿੰਨੇ ਅੱਖਰ ਮੁਕਤੇ ਬੋਲੋ।	Bhagouthee Rehath Jugathaa ||	The worshipper of Bhagaauti practices self-discipline,	ਵੈਸ਼ਨਵ ਭਗਤ (ਵਰਤ, ਤੁਲਸੀ ਮਾਲਾ, ਤੀਰਥ ਇਸ਼ਨਾਨ ਆਦਿਕ) ਸੰਜਮਾਂ ਵਿਚ ਰਹਿੰਦੇ ਹਨ।
2865	71	ਜੋਗੀ ਕਹਤ ਮੁਕਤਾ॥		Jogee Kehath Mukathaa ||	The Yogi speaks of liberation,	ਜੋਗੀ ਆਖਦੇ ਹਨ ਅਸੀਂ ਮੁਕਤ ਹੋ ਗਏ ਹਾਂ।
2866	71	ਤਪਸੀ ਤਪਹਿ ਰਾਤਾ॥੨॥	ਤ-ਪੱਸੀ । ਤਪ-ਹਿ	Thapasee Thapehi Raathaa ||2||	And the ascetic is absorbed in asceticism. ||2||	ਤਪ ਕਰਨ ਵਾਲੇ ਸਾਧੂ ਤਪ (ਕਰਨ) ਵਿਚ ਹੀ ਮਸਤ ਰਹਿੰਦੇ ਹਨ ॥੨॥
2867	71	ਮੋਨੀ ਮੋਨਿਧਾਰੀ॥		Monee Monidhhaaree ||	The men of silence observe silence,	ਚੁੱਪ ਸਾਧੀ ਰੱਖਣ ਵਾਲੇ ਸਾਧੂ ਚੁੱਪ ਵੱਟੀ ਰੱਖਦੇ ਹਨ।
2868	71	ਸਨਿਆਸੀ ਬ੍ਰਹਮਚਾਰੀ॥		Saniaasee Brehamachaaree ||	The Sanyaasees observe celibacy,	ਸੰਨਿਆਸੀ (ਸੰਨਿਆਸ ਵਿਚ) ਬ੍ਰਹਮਚਾਰੀ (ਬ੍ਰਹਮਚਰਜ ਵਿਚ)
2869	71	ਉਦਾਸੀ ਉਦਾਸਿ ਰਾਤਾ॥		Oudhaasee Oudhaas Raathaa ||3||	And the Udaasees abide in detachment. ||3||	ਤੇ ਉਦਾਸੀ ਉਦਾਸ-ਭੇਖ ਵਿਚ ਮਸਤ ਰਹਿੰਦੇ ਹਨ ॥੩॥

2870	71	ਭਗਤਿ ਨ ਵੈ ਪ੍ਰਕਾਰਾ॥	(ਵੈ)ਇਸ। (ਪ੍ਰਕਾਰਾ) ਤਰ੍ਹਾਂ। (ਭਗਤਿ) ਪ੍ਰੇਮਾ ਭਗਤੀ ਨਹੀਂ। (ਦੂਜਾ ਪਾਠ: ਨਵੈ)	Bhagath Navai Parakaaraa ||	There are nine forms of devotional worship.	(ਕੋਈ ਆਖਦਾ ਹੈ ਕਿ) ਭਗਤੀ ਨੌ ਕਿਸਮਾਂ ਦੀ ਹੈ।
2871	71	ਪੰਡਿਤੁ ਵੇਦੁ ਪੁਕਾਰਾ॥		Panddith Vaedh Pukaaraa ||	The Pandits recite the Vedas.	ਪੰਡਿਤ ਵੇਦ ਉੱਚੀ ਉੱਚੀ ਪੜ੍ਹਦਾ ਹੈ।
2872	71	ਗਿਰਸਤੀ ਗਿਰਸਤਿ ਧਰਮਾਤਾ॥੪॥	(ਧਰਮਾਤਾ) ਅਤਿ ਵੱਡਾ ਸਮਝਦਾ ਹੈ। ਗਿ-ਰਸਤੀ। ਗਿ-ਰਸਤਿ	Girasathee Girasath Dhharamaathaa ||4||	The householders assert their faith in family life. ||4||	ਗ੍ਰਿਹਸਤੀ ਗ੍ਰਿਹਸਤ-ਧਰਮ ਵਿਚ ਮਸਤ ਰਹਿੰਦਾ ਹੈ ॥੪॥
2873	71	ਇਕਸਬਦੀ ਬਹੁਰੂਪਿ ਅਵਧੂਤਾ॥	(ਬਹੁਰੂਪਿ) ਬਹੁਤੇ ਰੂਪ ਧਾਰਨ ਵਾਲਾ ਬਟਰੂਪੀਆ	Eik Sabadhee Bahu Roop Avadhhoothaa ||	Those who utter only One Word, those who take many forms, the naked renunciates,	ਅਨੇਕਾਂ ਐਸੇ ਹਨ ਜੋ 'ਅਲੱਖ ਅਲੱਖ' ਪੁਕਾਰਦੇ ਹਨ, ਕੋਈ ਬਹੁ-ਰੂਪੀਏ ਹਨ, ਕੋਈ ਨਾਂਗੇ ਹਨ।
2874	71	ਕਾਪੜੀ ਕਉਤੇ ਜਾਗੂਤਾ॥	(ਕਉਤੇ) ਗਵਈਏ ਕਲੌਤ ਕਵੀ। (ਜਾਗੂਤਾ) ਰਾਤ ਨੂੰ ਜਾਗਣ ਵਾਲੇ। ਕੱਪੜੀ	Kaaparree Kouthae Jaagoothaa ||	The wearers of patched coats, the magicians, those who remain always awake,	ਕੋਈ ਖ਼ਾਸ ਕਿਸਮ ਦਾ ਚੋਲਾ ਆਦਿਕ ਪਹਿਨਣ ਵਾਲੇ ਹਨ। ਕੋਈ ਨਾਟਕ ਚੇਟਕ ਸਾਂਗ ਆਦਿਕ ਬਣਾ ਕੇ ਲੋਕਾਂ ਨੂੰ ਪ੍ਰਸੰਨ ਕਰਦੇ ਹਨ, ਕਈ ਐਸੇ ਹਨ ਜੋ ਰਾਤਾਂ ਜਾਗ ਕੇ ਗੁਜ਼ਾਰਦੇ ਹਨ।
2875	71	ਇਕਿ ਤੀਰਥਿ ਨਾਤਾ॥੫॥		Eik Theerathh Naathaa ||5||	And those who bathe at holy places of pilgrimage-||5||	ਇਕ ਐਸੇ ਹਨ ਜੋ (ਹਰੇਕ) ਤੀਰਥ ਉੱਤੇ ਇਸ਼ਨਾਨ ਕਰਦੇ ਹਨ ॥੫॥

2876	71	ਨਿਰਹਾਰ ਵਰਤੀ ਆਪਰਸਾ॥	ਆ-ਪਰਸਾ	Nirehaar Varathee Aaparasaa ||	Those who go without food, those who never touch others,	ਅਨੇਕਾਂ ਐਸੇ ਹਨ ਜੋ ਭੁੱਖੇ ਹੀ ਰਹਿੰਦੇ ਹਨ, ਕਈ ਐਸੇ ਹਨ ਜੋ ਦੂਜਿਆਂ ਨਾਲ ਛੁੰਹਦੇ ਨਹੀਂ ਹਨ (ਤਾ ਕਿ ਕਿਸੇ ਦੀ ਭਿੱਟ ਨਾਹ ਲੱਗ ਜਾਏ)।
2877	71	ਇਕਿ ਲੂਕਿ ਨ ਦੇਵਹਿ ਦਰਸਾ॥		Eik Look N Dhaevehi Dharasaa ||	The hermits who never show themselves,	ਅਨੇਕਾਂ ਐਸੇ ਹਨ ਜੋ (ਗੁਫ਼ਾ ਆਦਿ ਵਿਚ) ਲੁਕ ਕੇ (ਰਹਿੰਦੇ ਹਨ ਤੇ ਕਿਸੇ ਨੂੰ) ਦਰਸ਼ਨ ਨਹੀਂ ਦੇਂਦੇ।
2878	71	ਇਕਿ ਮਨ ਹੀ ਗਿਆਤਾ॥੬॥	ਗਿਆੱਤਾ	Eik Man Hee Giaathaa ||6||	And those who are wise in their own minds-||6||	ਕਈ ਐਸੇ ਹਨ ਜੋ ਆਪਣੇ ਮਨ ਵਿਚ ਹੀ ਗਿਆਨਵਾਨ ਬਣੇ ਹੋਏ ਹਨ ॥੬॥
2879	71	ਘਾਟਿ ਨ ਕਿਨਹੀ ਕਹਾਇਆ॥		Ghaatt N Kin Hee Kehaaeiaa ||	Of these, no one admits to any deficiency;	(ਇਹਨਾਂ ਵਿਚੋਂ) ਕਿਸੇ ਨੇ ਭੀ ਆਪਣੇ ਆਪ ਨੂੰ (ਕਿਸੇ ਹੋਰ ਨਾਲੋਂ) ਘੱਟ ਨਹੀਂ ਅਖਵਾਇਆ।
2880	71	ਸਭ ਕਹਤੇ ਹੈ ਪਾਇਆ॥		Sabh Kehathae Hai Paaeiaa ||	All say that they have found the Lord.	ਸਭ ਇਹੀ ਆਖਦੇ ਹਨ ਕਿ ਅਸਾਂ ਪਰਮਾਤਮਾ ਨੂੰ ਲੱਭ ਲਿਆ ਹੈ।
2881	71	ਜਿਸੁ ਮੇਲੇ ਸੋ ਭਗਤਾ॥੭॥		Jis Maelae So Bhagathaa ||7||	But he alone is a devotee, whom the Lord has united with Himself. ||7||	ਪਰ (ਪਰਮਾਤਮਾ ਦਾ) ਭਗਤ ਉਹੀ ਹੈ ਜਿਸ ਨੂੰ (ਪਰਮਾਤਮਾ ਨੇ ਆਪ ਆਪਣੇ ਨਾਲ) ਮਿਲਾ ਲਿਆ ਹੈ ॥੭॥
2882	71	ਸਗਲ ਉਕਤਿ ਉਪਾਵਾ॥	ਉਕਤਿ:ਪੋਲਾ ਬੋਲੋ। (ਉਕਤਿ) ਸਿਆਣਪ,ਕਥਨ, ਦਲੀਲ	Sagal Oukath Oupaavaa ||	Abandoning all devices and contrivances,	ਪਰ ਮੈਂ ਤਾਂ ਇਹ ਸਾਰੀਆਂ ਦਲੀਲਾਂ ਤੇ ਸਾਰੇ ਹੀ ਉਪਾਉ ਛੱਡ ਦਿਤੇ ਹਨ,
2883	71	ਤਿਆਗੀ ਸਰਨਿ ਪਾਵਾ॥		Thiaagee Saran Paavaa ||	I have sought His Sanctuary.	ਤੇ ਪ੍ਰਭੂ ਦੀ ਹੀ ਸਰਨ ਪਿਆ ਹਾਂ।

2884	71	ਨਾਨਕੁ ਗੁਰ ਚਰਣਿ ਪਰਾਤਾ॥੮॥੨॥੨੭॥	(ਪਰਾਤਾ) ਅਤਿਅੰਤ ਹੀ ਪ੍ਰੀਤਵਾਨ ਹੋਇਆ,ਪਿਆ ਹੈ	Naanak Gur Charan Paraathaa ||8||2||27||	Nanak has fallen at the Feet of the Guru. ||8||2||27||	ਨਾਨਕ ਤਾਂ ਗੁਰੂ ਦੀ ਚਰਨੀਂ ਆ ਡਿੱਗਾ ਹੈ ॥੮॥੨॥੨੭॥
2885	71	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
2886	71	ਸਿਰੀਰਾਗੁ ਮਹਲਾ ੧ ਘਰੁ ੩॥		Sireeraag Mehalaa 1 Ghar 3 ||	Siree Raag, First Mehl, Third House:	ਰਾਗ ਸਿਰੀਰਾਗ, ਘਰ ੩ ਵਿੱਚ ਗੁਰੂ ਨਾਨਕ ਜੀ ਦੀ ਬਾਣੀ।
2887	71	ਜੋਗੀ ਅੰਦਰਿ ਜੋਗੀਆ॥		Jogee Andhar Jogeeaa ||	Among Yogis, You are the Yogi;	(ਹੇ ਪ੍ਰਭੂ!) ਜੋਗੀਆਂ ਦੇ ਅੰਦਰ (ਵਿਆਪਕ ਹੋ ਕੇ ਤੂੰ ਆਪ ਹੀ) ਜੋਗ ਕਮਾ ਰਿਹਾ ਹੈਂ,
2888	71	ਤੂੰ ਭੋਗੀ ਅੰਦਰਿ ਭੋਗੀਆ॥		Thoon Bhogee Andhar Bhogeeaa ||	Among pleasure seekers, You are the Pleasure Seeker.	ਮਾਇਆ ਦੇ ਭੋਗ ਭੋਗਣ ਵਾਲਿਆਂ ਦੇ ਅੰਦਰ ਭੀ ਤੂੰ ਹੀ ਪਦਾਰਥ ਭੋਗ ਰਿਹਾ ਹੈਂ।
2889	71	ਤੇਰਾ ਅੰਤੁ ਨ ਪਾਇਆ ਸੁਰਗਿ ਮਛਿ ਪਇਆਲਿ ਜੀਉ॥੧॥	(ਸੁਰਗਿ) ਸਵਰਗ ਚ ਦੇਵਤਿਆਂ। (ਮੱਛਿ) ਮਾਤ ਲੋਕ ਦੇ ਜੀਆਂ।ਪ-ਇਆਲਿ: ਪੱਪਾ ਮੁਕਤਾ ਬੋਲੋ। (ਪਤਾਲ) ਚ ਦੈਂਤਾਂ ਨੇ	Thaeraa Anth N Paaeiaa Surag Mashh Paeiaal Jeeo ||1||	Your limits are not known to any of the beings in the heavens, in this world, or in the nether regions of the underworld. ||1||	ਸੁਰਗ ਲੋਕ ਵਿਚ ਮਾਤ ਲੋਕ ਵਿਚ ਪਾਤਾਲ ਲੋਕ ਵਿਚ (ਵੱਸਦੇ ਕਿਸੇ ਭੀ ਜੀਵ ਨੇ) ਤੇਰੇ ਗੁਣਾਂ ਦਾ ਅੰਤ ਨਹੀਂ ਲੱਭਾ ॥੧॥

2890	71	ਹਉ ਵਾਰੀ ਹਉ ਵਾਰਣੈ ਕੁਰਬਾਣੁ ਤੇਰੇ ਨਾਵ ਨੋ॥੧॥ਰਹਾਉ॥		Ho Vaaree Ho Vaaranai Kurabaan Thaerae Naav No ||1|| Rehaao ||	I am devoted, dedicated, a sacrifice to Your Name. ||1||Pause||	ਹੇ ਪ੍ਰਭੂ! ਮੈਂ ਸਦਕੇ ਹਾਂ ਤੇਰੇ ਨਾਮ ਤੋਂ, ਵਾਰਨੇ ਜਾਂਦਾ ਹਾਂ ਤੇਰੇ ਨਾਮ ਤੋਂ, ਕੁਰਬਾਨ ਹਾਂ ਤੇਰੇ ਨਾਮ ਤੋਂ ॥੧॥ ਰਹਾਉ ॥
2891	71	ਤੁਧੁ ਸੰਸਾਰੁ ਉਪਾਇਆ॥		Thudhh Sansaar Oupaaeiaa ||	You created the world,	(ਹੇ ਪ੍ਰਭੂ!) ਤੂੰ ਹੀ ਜਗਤ ਪੈਦਾ ਕੀਤਾ ਹੈ,
2892	71	ਸਿਰੇ ਸਿਰਿ ਧੰਧੇ ਲਾਇਆ॥		Sirae Sir Dhhandhhae Laaeiaa ||	And assigned tasks to one and all.	ਹਰੇਕ ਜੀਵ ਉੱਤੇ (ਉਹਨਾਂ ਦੇ ਕੀਤੇ ਕਰਮਾਂ ਦੇ ਲੇਖ ਲਿਖ ਕੇ ਜੀਵਾਂ ਨੂੰ ਤੂੰ ਹੀ ਮਾਇਆ ਦੇ) ਧੰਧਿਆਂ ਵਿਚ ਫਸਾਇਆ ਹੋਇਆ ਹੈ।
2893	71	ਵੇਖਹਿ ਕੀਤਾ ਆਪਣਾ ਕਰਿ ਕੁਦਰਤਿ ਪਾਸਾ ਢਾਲਿ ਜੀਉ॥੨॥		Vaekhehi Keethaa Aapanaa Kar Kudharath Paasaa Dtaal Jeeo ||2||	You watch over Your Creation, and through Your All-powerful Creative Potency, You cast the dice. ||2||	ਤੂੰ ਕੁਦਰਤਿ ਰਚ ਕੇ (ਜਗਤ-ਚਉਪੜ ਦੀਆਂ) ਜੀਵ-ਨਰਦਾਂ ਸੁੱਟ ਕੇ ਤੂੰ ਆਪ ਹੀ ਆਪਣੇ ਰਚੇ ਜਗਤ ਦੀ ਸੰਭਾਲ ਕਰ ਰਿਹਾ ਹੈਂ ॥੨॥
2894	71	ਪਰਗਟਿ ਪਾਹਾਰੈ ਜਾਪਦਾ॥	ਅਨੰਤ ਬ੍ਰਹਮੰਡ ਦੇ (ਪਾਹਾਰੈ) ਪਸਾਰੇ ਚ	Paragatt Paahaarai Jaapadhaa ||	You are manifest in the Expanse of Your Workshop.	(ਹੇ ਭਾਈ!) ਪਰਮਾਤਮਾ ਇਸ ਦਿੱਸਦੇ ਜਗਤ-ਪਸਾਰੇ ਵਿਚ (ਵੱਸਦਾ) ਦਿੱਸ ਰਿਹਾ ਹੈ।
2895	71	ਸਭੁ ਨਾਵੈ ਨੋ ਪਰਤਾਪਦਾ॥	ਪਰਤਾਪਦਾ: ਪਰ ਵਿਸ਼ੇਸ਼ ਕਰਕੇ (ਤਾਪਦਾ) ਚਾਹੁੰਦਾ ਹੈ। (ਦੂਜਾ ਪਾਠ: ਪਰ ਤਾਪਦਾ)	Sabh Naavai No Parathaapadhaa ||	Everyone longs for Your Name,	ਹਰੇਕ ਜੀਵ ਉਸ ਪ੍ਰਭੂ ਦੇ ਨਾਮ ਲਈ ਤਾਂਘਦਾ ਹੈ।

2896	71	ਸਤਿਗੁਰ ਬਾਝੁ ਨ ਪਾਇਓ ਸਭ ਮੋਹੀ ਮਾਇਆ ਜਾਲਿ ਜੀਉ॥੩॥		Sathigur Baajh N Paaeiou Sabh Mohee Maaeiaa Jaal Jeeo ||3||	But without the Guru, no one finds You. All are enticed and trapped by Maya. ||3||	ਪਰ ਗੁਰੂ ਦੀ ਸਰਨ ਤੋਂ ਬਿਨਾ ਕਿਸੇ ਨੂੰ ਪ੍ਰਭੂ ਦਾ ਨਾਮ ਨਹੀਂ ਮਿਲਿਆ (ਕਿਉਂਕਿ) ਸਾਰੀ ਸ੍ਰਿਸ਼ਟੀ ਮਾਇਆ ਦੇ ਜਾਲ ਵਿਚ ਫਸੀ ਹੋਈ ਹੈ ॥੩॥
2897	71	ਸਤਿਗੁਰ ਕਉ ਬਲਿ ਜਾਈਐ॥		Sathigur Ko Bal Jaaeeai ||	I am a sacrifice to the True Guru.	(ਹੇ ਭਾਈ!) ਗੁਰੂ ਤੋਂ ਕੁਰਬਾਨ ਜਾਣਾ ਚਾਹੀਦਾ ਹੈ,
2898	71	ਜਿਤੁ ਮਿਲਿਐ ਪਰਮਗਤਿ ਪਾਈਐ॥		Jith Miliai Param Gath Paaeeai ||	Meeting Him, the supreme status is obtained.	(ਕਿਉਂਕਿ) ਉਸ (ਗੁਰੂ) ਦੇ ਮਿਲਿਆਂ ਹੀ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰੀਦੀ ਹੈ।
2899	72	ਸੁਰਿ ਨਰ ਮੁਨਿ ਜਨ ਲੋਚਦੇ ਸੋ ਸਤਿਗੁਰਿ ਦੀਆ ਬੁਝਾਇ ਜੀਉ॥੪॥	ਬੁੱਝਾਇ	Sur Nar Mun Jan Lochadhae So Sathigur Dheeaa Bujhaae Jeeo ||4||	The angelic beings and the silent sages long for Him; the True Guru has given me this understanding. ||4||	(ਜਿਸ ਨਾਮ-ਪਦਾਰਥ ਨੂੰ) ਦੇਵਤੇ ਮਨੁੱਖ ਮੋਨਧਾਰੀ ਲੋਕ ਤਰਸਦੇ ਆ ਰਹੇ ਹਨ ਉਹ (ਪਦਾਰਥ) ਸਤਿਗੁਰੂ ਨੇ ਸਮਝਾ ਦਿੱਤਾ ਹੈ ॥੪॥
2900	72	ਸਤਸੰਗਤਿ ਕੈਸੀ ਜਾਣੀਐ॥		Sathasangath Kaisee Jaaneeai ||	How is the Society of the Saints to be known?	ਕਿਹੋ ਜਿਹੇ ਇਕੱਠ ਨੂੰ ਸਤ ਸੰਗਤਿ ਸਮਝਣਾ ਚਾਹੀਦਾ ਹੈ?
2901	72	ਜਿਥੈ ਏਕੋ ਨਾਮੁ ਵਖਾਣੀਐ॥		Jithhai Eaeko Naam Vakhaaneeai ||	There, the Name of the One Lord is chanted.	(ਸਤਸੰਗਤਿ ਉਹ ਹੈ) ਜਿੱਥੇ ਸਿਰਫ਼ ਪਰਮਾਤਮਾ ਦਾ ਨਾਮ ਸਲਾਹਿਆ ਜਾਂਦਾ ਹੈ।

2902	72	ਏਕੋ ਨਾਮੁ ਹੁਕਮੁ ਹੈ ਨਾਨਕ ਸਤਿਗੁਰਿ ਦੀਆ ਬੁਝਾਇ ਜੀਉ॥੫॥	ਬੁੱਝਾਇ	Eaeko Naam Hukam Hai Naanak Sathigur Dheeaa Bujhaae Jeeo ||5||	The One Name is the Lord's Command; O Nanak, the True Guru has given me this understanding. ||5||	ਹੇ ਨਾਨਕ! ਸਤਿਗੁਰੂ ਨੇ ਇਹ ਗੱਲ ਸਮਝਾ ਦਿੱਤੀ ਹੈ ਕਿ (ਸਤਸੰਗਤਿ ਵਿਚ) ਸਿਰਫ਼ ਪਰਮਾਤਮਾ ਦਾ ਨਾਮ ਜਪਣਾ ਹੀ (ਪ੍ਰਭੂ ਦਾ) ਹੁਕਮ ਹੈ ॥੫॥
2903	72	ਇਹੁ ਜਗਤੁ ਭਰਮਿ ਭੁਲਾਇਆ॥	ਜੱਗ-ਤੁ	Eihu Jagath Bharam Bhulaaeiaa ||	This world has been deluded by doubt.	ਇਹ ਜਗਤ ਮਾਇਆ ਦੀ ਭਟਕਣਾ ਵਿਚ ਪੈ ਕੇ ਜੀਵਨ ਦੇ ਸਹੀ ਰਾਹ ਤੋਂ ਲਾਂਭੇ ਜਾ ਰਿਹਾ ਹੈ।
2904	72	ਆਪਹੁ ਤੁਧੁ ਖੁਆਇਆ॥		Aapahu Thudhh Khuaaeiaa ||	You Yourself, Lord, have led it astray.	(ਪਰ ਜੀਵਾਂ ਦੇ ਕੀਹ ਵੱਸ? ਹੇ ਪ੍ਰਭੂ!) ਤੂੰ ਆਪ ਹੀ (ਜਗਤ ਨੂੰ) ਆਪਣੇ ਆਪ ਤੋਂ ਵਿਛੋੜਿਆ ਹੋਇਆ ਹੈ।
2905	72	ਪਰਤਾਪੁ ਲਗਾ ਦੋਹਾਗਣੀ ਭਾਗ ਜਿਨਾ ਕੇ ਨਾਹਿ ਜੀਉ॥੬॥	(ਪਰਤਾਪੁ) ਪਰਵਿਸ਼ੇਸ਼ ਕਰਕੇ (ਤਾਪ) ਦੁੱਖ	Parathaap Lagaa Dhohaaganee Bhaag Jinaa Kae Naahi Jeeo ||6||	The discarded soul-brides suffer in terrible agony; they have no luck at all. ||6||	ਜਿਨ੍ਹਾਂ ਮੰਦ-ਭਾਗਣ ਜੀਵ-ਇਸਤ੍ਰੀਆਂ ਦੇ ਚੰਗੇ ਭਾਗ ਨਹੀਂ ਹਨ, ਉਹਨਾਂ ਨੂੰ (ਮਾਇਆ ਦੇ ਮੋਹ ਵਿਚ ਫਸਣ ਦੇ ਕਾਰਨ ਆਤਮਕ) ਦੁੱਖ ਲੱਗਾ ਹੋਇਆ ਹੈ ॥੬॥
2906	72	ਦੋਹਾਗਣੀ ਕਿਆ ਨੀਸਾਣੀਆ॥		Dhohaaganee Kiaa Neesaaneeaa ||	What are the signs of the discarded brides?	ਮੰਦ-ਭਾਗਣ ਜੀਵ-ਇਸਤ੍ਰੀਆਂ ਦੇ ਕੀ ਲੱਛਣ ਹਨ?
2907	72	ਖਸਮਹੁ ਘੁਥੀਆ ਫਿਰਹਿ ਨਿਮਾਣੀਆ॥	ਘੁੱਥੀਆਂ ਭੁੱਲੀਆਂ	Khasamahu Ghuthheeaa Firehi Nimaaneeaa ||	They miss their Husband Lord, and they wander around in dishonor.	(ਮੰਦ-ਭਾਗਣ, ਜੀਵ-ਇਸਤ੍ਰੀਆਂ ਉਹ ਹਨ) ਜੇਹੜੀਆਂ ਖਸਮ-ਪ੍ਰਭੂ ਤੋਂ ਖੁੰਝੀਆਂ ਹੋਈਆਂ ਹਨ ਤੇ ਨਿਆਸਰੀਆਂ ਹੋ ਕੇ ਭਟਕ ਰਹੀਆਂ ਹਨ।

2908	72	ਮੈਲੇ ਵੇਸ ਤਿਨਾ ਕਾਮਣੀ ਦੁਖੀ ਰੈਣਿ ਵਿਹਾਇ ਜੀਉ॥੭॥	ਕੱਾਮਣੀ	Mailae Vaes Thinaa Kaamanee Dhukhee Rain Vihaae Jeeo ||7||	The clothes of those brides are filthy-they pass their life-night in agony. ||7||	ਅਜੇਹੀਆਂ ਜੀਵ-ਇਸਤ੍ਰੀਆਂ ਦੇ ਚੇਹਰੇ ਭੀ ਵਿਕਾਰਾਂ ਦੀ ਮੈਲ ਨਾਲ ਭਰਿਸ਼ਟੇ ਹੋਏ ਦਿੱਸਦੇ ਹਨ, ਉਹਨਾਂ ਦੀ ਜ਼ਿੰਦਗੀ-ਰੂਪ ਰਾਤ ਦੁੱਖਾਂ ਵਿਚ ਹੀ ਬੀਤਦੀ ਹੈ ॥੭॥
2909	72	ਸੋਹਾਗਣੀ ਕਿਆ ਕਰਮੁ ਕਮਾਇਆ॥		Sohaaganee Kiaa Karam Kamaaeiaa ||	What actions have the happy soul-brides performed?	ਜੇਹੜੀਆਂ ਜੀਵ-ਇਸਤ੍ਰੀਆਂ ਭਾਗਾਂ ਵਾਲੀਆਂ ਅਖਵਾਂਦੀਆਂ ਹਨ ਉਹਨਾਂ ਕੇਹੜਾ (ਚੰਗਾ ਕੰਮ) ਕੀਤਾ ਹੋਇਆ ਹੈ?
2910	72	ਪੂਰਬਿ ਲਿਖਿਆ ਫਲੁ ਪਾਇਆ॥		Poorab Likhiaa Fal Paaeiaa ||	They have obtained the fruit of their pre-ordained destiny.	ਉਹਨਾਂ ਨੇ ਪਿਛਲੇ ਜਨਮ ਵਿਚ ਕੀਤੀ ਨੇਕ ਕਮਾਈ ਦੇ ਲਿਖੇ ਸੰਸਕਾਰਾਂ ਵਜੋਂ ਹੁਣ ਪਰਮਾਤਮਾ ਦਾ ਨਾਮ-ਫਲ ਪ੍ਰਾਪਤ ਕਰ ਲਿਆ ਹੈ।
2911	72	ਨਦਰਿ ਕਰੇਕੈ ਆਪਣੀ ਆਪੇ ਲਏ ਮਿਲਾਇ ਜੀਉ॥੮॥	ਕਰੇ-ਕੈ	Nadhar Karae Kai Aapanee Aapae Leae Milaae Jeeo ||8||	Casting His Glance of Grace, the Lord unites them with Himself. ||8||	ਪਰਮਾਤਮਾ ਆਪਣੀ ਮਿਹਰ ਦੀ ਨਿਗਾਹ ਕਰ ਕੇ ਆਪ ਹੀ ਉਹਨਾਂ ਨੂੰ ਆਪਣੇ ਚਰਨਾਂ ਵਿਚ ਮਿਲਾ ਲੈਂਦਾ ਹੈ ॥੮॥
2912	72	ਹੁਕਮੁ ਜਿਨਾ ਨੋ ਮਨਾਇਆ॥		Hukam Jinaa No Manaaeiaa ||	Those, whom God causes to abide by His Will,	ਪਰਮਾਤਮਾ ਜਿਨ੍ਹਾਂ ਜੀਵ-ਇਸਤ੍ਰੀਆਂ ਨੂੰ ਆਪਣਾ ਹੁਕਮ ਮੰਨਣ ਲਈ ਪ੍ਰੇਰਦਾ ਹੈ,
2913	72	ਤਿਨ ਅੰਤਰਿ ਸਬਦੁ ਵਸਾਇਆ॥		Thin Anthar Sabadh Vasaaeiaa ||	Have the Shabad of His Word abiding deep within.	ਉਹ ਆਪਣੇ ਹਿਰਦੇ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਵਸਾਂਦੀਆਂ ਹਨ।

2914	72	ਸਹੀਆ ਸੇ ਸੋਹਾਗਣੀ ਜਿਨ ਸਹ ਨਾਲਿ ਪਿਆਰੁ ਜੀਉ॥੯॥		Seheeaa Sae Sohaaganee Jin Seh Naal Piaar Jeeo ||9||	They are the true soul-brides, who embrace love for their Husband Lord. ||9||	ਉਹੀ ਜੀਵ-ਸਹੇਲੀਆਂ ਭਾਗਾਂ ਵਾਲੀਆਂ ਹੁੰਦੀਆਂ ਹਨ, ਜਿਨ੍ਹਾਂ ਦਾ ਆਪਣੇ ਖਸਮ-ਪ੍ਰਭੂ ਨਾਲ ਪਿਆਰ ਬਣਿਆ ਰਹਿੰਦਾ ਹੈ ॥੯॥
2915	72	ਜਿਨਾ ਭਾਣੇ ਕਾ ਰਸੁ ਆਇਆ॥		Jinaa Bhaanae Kaa Ras Aaeiaa ||	Those who take pleasure in God's Will	ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਦੀ ਰਜ਼ਾ ਵਿਚ ਤੁਰਨ ਦਾ ਆਨੰਦ ਆ ਜਾਂਦਾ ਹੈ,
2916	72	ਤਿਨ ਵਿਚਹੁ ਭਰਮੁ ਚੁਕਾਇਆ॥		Thin Vichahu Bharam Chukaaeiaa ||	Remove doubt from within.	ਉਹ ਆਪਣੇ ਅੰਦਰੋਂ ਮਾਇਆ ਵਾਲੀ ਭਟਕਣਾ ਦੂਰ ਕਰ ਲੈਂਦੇ ਹਨ (ਪਰ ਇਹ ਮਿਹਰ ਸਤਿਗੁਰੂ ਦੀ ਹੀ ਹੈ)।
2917	72	ਨਾਨਕ ਸਤਿਗੁਰੁ ਐਸਾ ਜਾਣੀਐ ਜੋ ਸਭਸੈ ਲਏ ਮਿਲਾਇ ਜੀਉ॥੧੦॥	ਸਭ-ਸੈ	Naanak Sathigur Aisaa Jaaneeai Jo Sabhasai Leae Milaae Jeeo ||10||	O Nanak, know Him as the True Guru, who unites all with the Lord. ||10||	ਹੇ ਨਾਨਕ! ਗੁਰੂ ਅਜੇਹਾ (ਦਿਆਲ) ਹੈ ਕਿ ਉਹ (ਸਰਨ ਆਏ) ਸਭ ਜੀਵਾਂ ਨੂੰ ਪ੍ਰਭੂ-ਚਰਨਾਂ ਵਿਚ ਮਿਲਾ ਦੇਂਦਾ ਹੈ ॥੧੦॥
2918	72	ਸਤਿਗੁਰਿ ਮਿਲਿਐ ਫਲੁ ਪਾਇਆ॥		Sathigur Miliai Fal Paaeiaa ||	Meeting with the True Guru, they receive the fruits of their destiny,	ਉਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ-ਰਸ ਪ੍ਰਾਪਤ ਕਰ ਲਿਆ,

2919	72	ਜਿਨਿ ਵਿਚਹੁ ਅਹਕਰਣੁ ਚੁਕਾਇਆ॥	(ਅਹ-ਕਰਣੁ) ਹੰਕਾਰ	Jin Vichahu Ahakaran Chukaaeiaa ||	And egotism is driven out from within.	ਜਿਸ ਮਨੁੱਖ ਨੇ ਆਪਣੇ ਅੰਦਰੋਂ ਅਹੰਕਾਰ ਦੂਰ ਕਰ ਲਿਆ।
2920	72	ਦੁਰਮਤਿ ਕਾ ਦੁਖੁ ਕਟਿਆ ਭਾਗੁ ਬੈਠਾ ਮਸਤਕਿ ਆਇ ਜੀਉ॥੧੧॥		Dhuramath Kaa Dhukh Kattiaa Bhaag Baithaa Masathak Aae Jeeo ||11||	The pain of evil-mindedness is eliminated; good fortune comes and shines radiantly from their foreheads. ||11||	ਉਸ ਮਨੁੱਖ ਦੇ ਅੰਦਰੋਂ ਭੈੜੀ ਮਤਿ ਦਾ ਦੁੱਖ ਕੱਟਿਆ ਜਾਂਦਾ ਹੈ, ਉਸ ਦੇ ਮੱਥੇ ਉੱਤੇ ਭਾਗ ਜਾਗ ਪੈਂਦਾ ਹੈ ॥੧੧॥
2921	72	ਅੰਮ੍ਰਿਤੁ ਤੇਰੀ ਬਾਣੀਆ॥		Anmrith Thaeree Baaneeaa ||	The Bani of Your Word is Ambrosial Nectar.	(ਹੇ ਪ੍ਰਭੂ!) ਤੇਰੀ ਸਿਫ਼ਤ-ਸਾਲਾਹ ਦੀ ਬਾਣੀ (ਮਾਨੋ) ਆਤਮਕ ਜੀਵਨ ਦੇਣ ਵਾਲਾ ਜਲ ਹੈ,
2922	72	ਤੇਰਿਆ ਭਗਤਾ ਰਿਦੈ ਸਮਾਣੀਆ॥		Thaeriaa Bhagathaa Ridhai Samaaneeaa ||	It permeates the hearts of Your devotees.	ਇਹ ਬਾਣੀ ਤੇਰੇ ਭਗਤਾਂ ਦੇ ਹਿਰਦੇ ਵਿਚ (ਹਰ ਵੇਲੇ) ਟਿਕੀ ਰਹਿੰਦੀ ਹੈ।
2923	72	ਸੁਖ ਸੇਵਾ ਅੰਦਰਿ ਰਖਿਐ ਆਪਣੀ ਨਦਰਿ ਕਰਹਿ ਨਿਸਤਾਰਿ ਜੀਉ॥੧੨॥	ਰੱਖਿਐ	Sukh Saevaa Andhar Rakhiai Aapanee Nadhar Karehi Nisathaar Jeeo ||12||	Serving You, peace is obtained; granting Your Mercy, You bestow salvation. ||12||	ਤੇਰੀ ਸੁਖਦਾਈ ਸੇਵਾ-ਭਗਤੀ ਭਗਤਾਂ ਦੇ ਅੰਦਰ ਟਿਕਣ ਕਰ ਕੇ ਤੂੰ ਉਹਨਾਂ ਉੱਤੇ ਆਪਣੀ ਮਿਹਰ ਦੀ ਨਿਗਾਹ ਕਰਦਾ ਹੈਂ ਤੇ ਉਹਨਾਂ ਨੂੰ ਪਾਰ ਲੰਘਾ ਦੇਂਦਾ ਹੈਂ ॥੧੨॥

2924	72	ਸਤਿਗੁਰੁ ਮਿਲਿਆ ਜਾਣੀਐ॥		Sathigur Miliaa Jaaneeai ||	Meeting with the True Guru, one comes to know;	ਤਦੋਂ (ਕਿਸੇ ਵਡਭਾਗੀ ਨੂੰ) ਗੁਰੂ ਮਿਲਿਆ ਸਮਝਣਾ ਚਾਹੀਦਾ ਹੈ,
2925	72	ਜਿਤੁ ਮਿਲਿਐ ਨਾਮੁ ਵਖਾਣੀਐ॥		Jith Miliai Naam Vakhaaneeai ||	By this meeting, one comes to chant the Name.	ਜੇ ਗੁਰੂ ਦੇ ਮਿਲਣ ਨਾਲ ਪਰਮਾਤਮਾ ਦਾ ਨਾਮ ਸਿਮਰਿਆ ਜਾਏ।
2926	72	ਸਤਿਗੁਰ ਬਾਝੁ ਨ ਪਾਇਓ ਸਭ ਥਕੀ ਕਰਮ ਕਮਾਇ ਜੀਉ॥੧੩॥	ਥੱਕੀ	Sathigur Baajh N Paaeiou Sabh Thhakee Karam Kamaae Jeeo ||13||	Without the True Guru, God is not found; all have grown weary of performing religious rituals. ||13||	ਗੁਰੂ ਦੀ ਸਰਨ ਪੈਣ ਤੋਂ ਬਿਨਾ (ਪਰਮਾਤਮਾ ਦਾ ਨਾਮ) ਨਹੀਂ ਮਿਲਦਾ, (ਗੁਰੂ ਦਾ ਆਸਰਾ ਛੱਡ ਕੇ) ਸਾਰੀ ਦੁਨੀਆ (ਤੀਰਥ ਵਰਤ ਆਦਿਕ ਹੋਰ ਹੋਰ ਮਿਥੇ ਹੋਏ ਧਾਰਮਿਕ) ਕੰਮ ਕਰ ਕੇ ਖਪ ਜਾਂਦੀ ਹੈ ॥੧੩॥
2927	72	ਹਉ ਸਤਿਗੁਰ ਵਿਟਹੁ ਘੁਮਾਇਆ॥		Ho Sathigur Vittahu Ghumaaeiaa ||	I am a sacrifice to the True Guru;	ਮੈਂ (ਤਾਂ) ਗੁਰੂ ਤੋਂ ਕੁਰਬਾਨ ਹਾਂ,
2928	72	ਜਿਨਿ ਭ੍ਰਮਿ ਭੁਲਾ ਮਾਰਗਿ ਪਾਇਆ॥	ਭੁੱਲਾ	Jin Bhram Bhulaa Maarag Paaeiaa ||	I was wandering in doubt, and He has set me on the right path.	ਜਿਸ ਨੇ ਭਟਕਣਾ ਵਿਚ ਕੁਰਾਹੇ ਪਏ ਜੀਵ ਨੂੰ ਸਹੀ ਜੀਵਨ-ਰਾਹ ਤੇ ਪਾਇਆ ਹੈ।

2929	72	ਨਦਰਿ ਕਰੇ ਜੇ ਆਪਣੀ ਆਪੇ ਲਏ ਰਲਾਇ ਜੀਉ॥੧੪॥		Nadhar Karae Jae Aapanee Aapae Leae Ralaae Jeeo ||14||	If the Lord casts His Glance of Grace, He unites us with Himself. ||14||	ਜੇ ਗੁਰੂ ਆਪਣੀ ਮਿਹਰ ਦੀ ਨਿਗਾਹ ਕਰੇ, ਤਾਂ ਉਹ ਆਪ ਹੀ (ਪ੍ਰਭੂ-ਚਰਨਾਂ ਵਿਚ) ਜੋੜ ਦੇਂਦਾ ਹੈ ॥੧੪॥
2930	72	ਤੂੰ ਸਭਨਾ ਮਾਹਿ ਸਮਾਇਆ॥		Thoon Sabhanaa Maahi Samaaeiaa ||	You, Lord, are pervading in all,	(ਹੇ ਪ੍ਰਭੂ!) ਤੂੰ ਸਾਰੇ ਜੀਵਾਂ ਵਿਚ ਵਿਆਪਕ ਹੈਂ।
2931	72	ਤਿਨਿ ਕਰਤੈ ਆਪੁ ਲੁਕਾਇਆ॥		Thin Karathai Aap Lukaaeiaa ||	And yet, the Creator keeps Himself concealed.	(ਹੇ ਭਾਈ! ਸਾਰੇ ਜੀਵਾਂ ਵਿਚ ਵਿਆਪਕ ਹੁੰਦਿਆਂ ਭੀ) ਉਸ ਕਰਤਾਰ ਨੇ ਆਪਣੇ ਆਪ ਨੂੰ ਗੁਪਤ ਰੱਖਿਆ ਹੋਇਆ ਹੈ।
2932	72	ਨਾਨਕ ਗੁਰਮੁਖਿ ਪਰਗਟੁ ਹੋਇਆ ਜਾ ਕਉ ਜੋਤਿ ਧਰੀ ਕਰਤਾਰਿ ਜੀਉ॥੧੫॥		Naanak Guramukh Paragatt Hoeiaa Jaa Ko Joth Dhharee Karathaar Jeeo ||15||	O Nanak, the Creator is revealed to the Gurmukh, within whom He has infused His Light. ||15||	ਹੇ ਨਾਨਕ! ਜਿਸ ਮਨੁੱਖ ਦੇ ਅੰਦਰ ਗੁਰੂ ਦੀ ਰਾਹੀਂ ਕਰਤਾਰ ਨੇ ਆਪਣੀ ਜੋਤਿ ਪਰਗਟ ਕੀਤੀ ਹੈ, ਉਸ ਦੇ ਅੰਦਰ ਕਰਤਾਰ ਪਰਗਟ ਹੋ ਜਾਂਦਾ ਹੈ ॥੧੫॥
2933	72	ਆਪੇ ਖਸਮਿ ਨਿਵਾਜਿਆ॥		Aapae Khasam Nivaajiaa ||	The Master Himself bestows honor.	ਖਸਮ-ਪ੍ਰਭੂ ਨੇ (ਆਪਣੇ ਸੇਵਕ ਨੂੰ) ਆਪ ਹੀ ਵਡਿਆਈ ਦਿੱਤੀ ਹੈ,
2934	72	ਜੀਉ ਪਿੰਡੁ ਦੇ ਸਾਜਿਆ॥		Jeeo Pindd Dhae Saajiaa ||	He creates and bestows body and soul.	ਜਿੰਦ ਤੇ ਸਰੀਰ ਦੇ ਕੇ ਆਪ ਹੀ ਉਸ ਨੂੰ ਪੈਦਾ ਕੀਤਾ ਹੈ।

2935	72	ਆਪਣੇ ਸੇਵਕ ਕੀ ਪੈਜ ਰਖੀਆ ਦੁਇ ਕਰ ਮਸਤਕਿ ਧਾਰਿ ਜੀਉ॥੧੬॥		Aapanae Saevak Kee Paij Rakheeaa Dhue Kar Masathak Dhhaar Jeeo ||16||	He Himself preserves the honor of His servants; He places both His Hands upon their foreheads. ||16||	ਆਪਣੇ ਦੋਵੇਂ ਹੱਥ ਸੇਵਕ ਦੇ ਸਿਰ ਉੱਤੇ ਰੱਖ ਕੇ ਖਸਮ-ਪ੍ਰਭੂ ਨੇ ਆਪ ਹੀ ਉਸ ਦੀ ਲਾਜ ਰੱਖੀ ਹੈ (ਤੇ ਉਸ ਨੂੰ ਵਿਕਾਰਾਂ ਤੋਂ ਬਚਾਇਆ ਹੈ) ॥੧੬॥
2936	72	ਸਭਿ ਸੰਜਮ ਰਹੇ ਸਿਆਣਪਾ॥		Sabh Sanjam Rehae Siaanapaa ||	All strict rituals are just clever contrivances.	ਇੰਦ੍ਰੀਆਂ ਨੂੰ ਵੱਸ ਕਰਨ ਦੇ ਸਾਰੇ ਜਤਨ ਤੇ ਇਹੋ ਜਿਹੀਆਂ ਹੋਰ ਸਾਰੀਆਂ ਸਿਆਣਪਾਂ ਸੇਵਕ ਨੂੰ ਕਰਨ ਦੀ ਲੋੜ ਨਹੀਂ ਪੈਂਦੀ।
2937	72	ਮੇਰਾ ਪ੍ਰਭੁ ਸਭੁ ਕਿਛੁ ਜਾਣਦਾ॥		Maeraa Prabh Sabh Kishh Jaanadhaa ||	My God knows everything.	ਪਿਆਰਾ ਪ੍ਰਭੂ ਸੇਵਕ ਦੀ ਹਰੇਕ ਲੋੜ ਆਪ ਜਾਣਦਾ ਹੈ।
2938	72	ਪ੍ਰਗਟ ਪ੍ਰਤਾਪੁ ਵਰਤਾਇਓ ਸਭੁ ਲੋਕੁ ਕਰੈ ਜੈਕਾਰੁ ਜੀਉ॥੧੭॥		Pragatt Prathaap Varathaaeiou Sabh Lok Karai Jaikaar Jeeo ||17||	He has made His Glory manifest, and all people celebrate Him. ||17 |	ਪਰਮਾਤਮਾ ਆਪਣੇ ਸੇਵਕ ਦਾ ਤੇਜ-ਪ੍ਰਤਾਪ ਪਰਗਟ ਕਰ ਦੇਂਦਾ ਹੈ, ਸਾਰਾ ਜਗਤ ਉਸ ਦੀ ਜੈ-ਜੈਕਾਰ ਕਰਦਾ ਹੈ ॥੧੭॥
2939	72	ਮੇਰੇ ਗੁਣ ਅਵਗਨ ਨ ਬੀਚਾਰਿਆ॥		Maerae Gun Avagan N Beechaariaa ||	| He has not considered my merits and demerits;	ਪ੍ਰਭੂ ਨੇ ਨਾਹ ਮੇਰੇ ਗੁਣਾਂ ਦਾ ਖ਼ਿਆਲ ਕੀਤਾ ਹੈ, ਨਾਹ ਮੇਰੇ ਔਗੁਣਾਂ ਦੀ ਪਰਵਾਹ ਕੀਤੀ ਹੈ,
2940	72	ਪ੍ਰਭਿ ਅਪਣਾ ਬਿਰਦੁ ਸਮਾਰਿਆ॥		Prabh Apanaa Biradh Samaariaa ||	This is God's Own Nature.	ਪ੍ਰਭੂ ਨੇ ਤਾਂ ਸਿਰਫ਼ ਆਪਣਾ ਮੁੱਢ-ਕਦੀਮਾਂ ਦਾ ਸੁਭਾਉ ਹੀ ਚੇਤੇ ਰੱਖਿਆ ਹੈ।

2941	72	ਕੰਠਿ ਲਾਇ ਕੈ ਰਖਿਓਨੁ ਲਗੈ ਨ ਤਤੀ ਵਾਉ ਜੀਉ॥੧੮॥	ਤੱਤੀ	Kanth Laae Kai Rakhioun Lagai N Thathee Vaao Jeeo ||18||	Hugging me close in His Embrace, He protects me, and now, even the hot wind does not touch me. ||18||	ਉਸ ਨੇ ਮੈਨੂੰ ਆਪਣੇ ਗਲ ਨਾਲ ਲਾ ਕੇ (ਵਿਕਾਰਾਂ ਵਲੋਂ) ਬਚਾ ਲਿਆ ਹੈ, ਕੋਈ ਦੁੱਖ-ਵਿਕਾਰ ਮੇਰਾ ਵਾਲ ਵਿੰਗਾ ਨਹੀਂ ਕਰ ਸਕੇ ॥੧੮॥
2942	72	ਮੈ ਮਨਿ ਤਨਿ ਪ੍ਰਭੂ ਧਿਆਇਆ॥		Mai Man Than Prabhoo Dhhiaaeiaa ||	Within my mind and body, I meditate on God.	ਮੈਂ ਆਪਣੇ ਮਨ ਵਿਚ ਪ੍ਰਭੂ ਨੂੰ ਸਿਮਰਿਆ ਹੈ ਆਪਣੇ ਹਿਰਦੇ ਵਿਚ ਪ੍ਰਭੂ ਨੂੰ ਧਿਆਇਆ ਹੈ।
2943	72	ਜੀਇ ਇਛਿਅੜਾ ਫਲੁ ਪਾਇਆ॥	ਜੀ-ਇ, ਇੱਛਿਅੜਾ	Jeee Eishhiarraa Fal Paaeiaa ||	I have obtained the fruits of my soul's desire.	ਮੈਨੂੰ ਉਹ ਨਾਮ-ਫਲ ਮਿਲ ਗਿਆ ਹੈ, ਜਿਸ ਦੀ ਮੈਂ ਸਦਾ ਆਪਣੇ ਜੀ ਵਿਚ ਇੱਛਾ ਕਰਿਆ ਕਰਦਾ ਸਾਂ।
2944	72	ਸਾਹ ਪਾਤਿਸਾਹ ਸਿਰਿ ਖਸਮੁ ਤੂੰ ਜਪਿ ਨਾਨਕ ਜੀਵੈ ਨਾਉ ਜੀਉ॥੧੯॥		Saah Paathisaah Sir Khasam Thoon Jap Naanak Jeevai Naao Jeeo ||19||	You are the Supreme Lord and Master, above the heads of kings. Nanak lives by chanting Your Name. ||19||	ਹੇ ਪ੍ਰਭੂ! ਤੂੰ ਸਾਰੇ ਸ਼ਾਹਾਂ ਦੇ ਸਿਰ ਉੱਤੇ, ਤੂੰ ਪਾਤਿਸ਼ਾਹਾਂ ਦੇ ਸਿਰ ਉੱਤੇ ਮਾਲਕ ਹੈਂ। ਹੇ ਨਾਨਕ! (ਵਡਭਾਗੀ ਮਨੁੱਖ) ਪ੍ਰਭੂ ਦਾ ਨਾਮ ਜਪ ਕੇ ਆਤਮਕ ਜੀਵਨ ਪ੍ਰਾਪਤ ਕਰ ਲੈਂਦਾ ਹੈ ॥੧੯॥
2945	73	ਤੁਧੁ ਆਪੇ ਆਪੁ ਉਪਾਇਆ॥		Thudhh Aapae Aap Oupaaeiaa ||	You Yourself created the Universe;	ਹੇ ਪ੍ਰਭੂ! ਤੂੰ ਆਪਣੇ ਆਪ ਨੂੰ (ਜਗਤ-ਰੂਪ ਵਿਚ) ਆਪ ਹੀ ਪਰਗਟ ਕੀਤਾ ਹੈ,
2946	73	ਦੂਜਾ ਖੇਲੁ ਕਰਿ ਦਿਖਲਾਇਆ॥	ਖ਼੍ਯੇਲੁ	Dhoojaa Khael Kar Dhikhalaaeiaa ||	You created the play of duality, and staged it.	(ਇਹ ਤੈਥੋਂ ਵੱਖਰਾ ਦਿੱਸਦਾ) ਮਾਇਆ ਦਾ ਜਗਤ-ਤਮਾਸ਼ਾ ਤੂੰ ਆਪ ਹੀ ਬਣਾ ਕੇ ਵਿਖਾ ਦਿੱਤਾ ਹੈ।

2947	73	ਸਭੁ ਸਚੋ ਸਚੁ ਵਰਤਦਾ ਜਿਸੁ ਭਾਵੈ ਤਿਸੈ ਬੁਝਾਇ ਜੀਉ॥੨੦॥		Sabh Sacho Sach Varathadhaa Jis Bhaavai Thisai Bujhaae Jeeo ||20||	The Truest of the True is pervading everywhere; He instructs those with whom He is pleased. ||20||	(ਹੇ ਭਾਈ!) ਹਰ ਥਾਂ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਹੀ ਮੌਜੂਦ ਹੈ। ਜਿਸ ਉੱਤੇ ਉਹ ਮਿਹਰ ਕਰਦਾ ਹੈ, ਉਸ ਨੂੰ (ਇਹ ਭੇਤ) ਸਮਝਾ ਦੇਂਦਾ ਹੈ ॥੨੦॥
2948	73	ਗੁਰ ਪਰਸਾਦੀ ਪਾਇਆ॥		Gur Parasaadhee Paaeiaa ||	By Guru's Grace, I have found God.	ਜਿਸ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਦੀ ਸਰਬ-ਵਿਆਪਕਤਾ ਦਾ ਭੇਦ) ਪਾ ਲਿਆ ਹੈ,
2949	73	ਤਿਥੈ ਮਾਇਆ ਮੋਹੁ ਚੁਕਾਇਆ॥		Thithhai Maaeiaa Mohu Chukaaeiaa ||	By His Grace, I have shed emotional attachment to Maya.	ਉਸ ਦੇ ਹਿਰਦੇ ਵਿਚੋਂ ਪ੍ਰਭੂ ਨੇ ਮਾਇਆ ਦਾ ਮੋਹ ਦੂਰ ਕਰ ਦਿੱਤਾ ਹੈ।
2950	73	ਕਿਰਪਾ ਕਰਿ ਕੈ ਆਪਣੀ ਆਪੇ ਲਏ ਸਮਾਇ ਜੀਉ॥੨੧॥		Kirapaa Kar Kai Aapanee Aapae Leae Samaae Jeeo ||21||	Showering His Mercy, He has blended me into Himself. ||21||	ਪ੍ਰਭੂ ਆਪਣੀ ਮਿਹਰ ਕਰ ਕੇ ਆਪ ਹੀ ਉਸ ਨੂੰ ਆਪਣੇ ਵਿਚ ਲੀਨ ਕਰ ਲੈਂਦਾ ਹੈ ॥੨੧॥
2951	73	ਗੋਪੀ ਨੈ ਗੋਆਲੀਆ॥	(ਨੈ) ਨਦੀ ਜਮਨਾ	Gopee Nai Goaaleeaa ||	You are the Gopis, the milk-maids of Krishna; You are the sacred river Jamunaa; You are Krishna, the herdsman.	ਹੇ ਪ੍ਰਭੂ! ਤੂੰ ਹੀ (ਗੋਕਲ ਦੀ) ਗੋਪੀ ਹੈਂ, ਤੂੰ ਆਪ ਹੀ (ਜਮਨਾ) ਨਦੀ ਹੈਂ, ਤੂੰ ਆਪ ਹੀ (ਗੋਕਲ ਦਾ) ਗੁਆਲਾ ਹੈਂ।

2952	73	ਤੁਧੁ ਆਪੇ ਗੋਇ ਉਠਾਲੀਆ॥	(ਗੋਇ) ਸੰਸਾਰ ਬਾਜ਼ੀ	Thudhh Aapae Goe Outhaaleeaa ||	You Yourself support the world.	ਤੂੰ ਆਪ ਹੀ (ਕ੍ਰਿਸ਼ਨ-ਰੂਪ ਹੋ ਕੇ) ਧਰਤੀ (ਗੋਵਰਧਨ ਪਰਬਤ) ਚੁੱਕੀ ਸੀ।
2953	73	ਹੁਕਮੀ ਭਾਂਡੇ ਸਾਜਿਆ ਤੂੰ ਆਪੇ ਭੰਨਿ ਸਵਾਰਿ ਜੀਉ॥੨੨॥		Hukamee Bhaanddae Saajiaa Thoon Aapae Bhann Savaar Jeeo ||22||	By Your Command, human beings are fashioned. You Yourself embellish them, and then again destroy them. ||22||	ਤੂੰ ਆਪਣੇ ਹੁਕਮ ਵਿਚ ਆਪ ਹੀ ਜੀਵਾਂ ਦੇ ਸਰੀਰ ਸਾਜਦਾ ਹੈਂ, ਤੂੰ ਆਪ ਹੀ ਨਾਸ ਕਰਦਾ ਹੈਂ ਤੇ ਆਪ ਹੀ ਪੈਦਾ ਕਰਦਾ ਹੈਂ ॥੨੨॥
2954	73	ਜਿਨ ਸਤਿਗੁਰ ਸਿਉ ਚਿਤੁ ਲਾਇਆ॥		Jin Sathigur Sio Chith Laaeiaa ||	Those who have focused their consciousness on the True Guru	ਜਿਨ੍ਹਾਂ (ਵਡ-ਭਾਗੀ) ਮਨੁੱਖਾਂ ਨੇ ਗੁਰੂ ਨਾਲ ਪਿਆਰ ਪਾਇਆ ਹੈ,
2955	73	ਤਿਨੀ ਦੂਜਾ ਭਾਉ ਚੁਕਾਇਆ॥		Thinee Dhoojaa Bhaao Chukaaeiaa ||	Have rid themselves of the love of duality.	ਉਹਨਾਂ ਆਪਣੇ ਅੰਦਰੋਂ ਮਾਇਆ ਦਾ ਪਿਆਰ ਦੂਰ ਕਰ ਲਿਆ ਹੈ।
2956	73	ਨਿਰਮਲ ਜੋਤਿ ਤਿਨ ਪ੍ਰਾਣੀਆ ਓਇ ਚਲੇ ਜਨਮੁ ਸਵਾਰਿ ਜੀਉ॥੨੩॥		Niramal Joth Thin Praaneeaa Oue Chalae Janam Savaar Jeeo ||23||	The light of those mortal beings is immaculate. They depart after redeeming their lives. ||23||	ਉਹਨਾਂ ਬੰਦਿਆਂ ਦੀ ਆਤਮਕ ਜੋਤਿ ਪਵਿਤ੍ਰ ਹੋ ਜਾਂਦੀ ਹੈ, ਉਹ ਆਪਣਾ ਜਨਮ ਸੁਥਰਾ ਕਰ ਕੇ (ਜਗਤ ਤੋਂ) ਜਾਂਦੇ ਹਨ ॥੨੩॥
2957	73	ਤੇਰੀਆ ਸਦਾ ਸਦਾ ਚੰਗਿਆਈਆ॥		Thaereeaa Sadhaa Sadhaa Changiaaeeaa ||	Forever and ever, night and day,	ਹੇ ਪ੍ਰਭੂ! ਤੇਰੇ ਸਦਾ ਕਾਇਮ ਰਹਿਣ ਵਾਲੇ ਗੁਣ-

2958	73	ਮੈ ਰਾਤਿ ਦਿਹੈ ਵਡਿਆਈਆਂ॥		Mai Raath Dhihai Vaddiaaeeaaan ||	I praise the Greatness of Your Goodness.	(ਤੇਰੀ ਮਿਹਰ ਨਾਲ) ਮੈਂ ਦਿਨੇ ਰਾਤ ਸਲਾਹੁੰਦਾ ਹਾਂ।
2959	73	ਅਣਮੰਗਿਆ ਦਾਨੁ ਦੇਵਣਾ ਕਹੁ ਨਾਨਕ ਸਚੁ ਸਮਾਲਿ ਜੀਉ॥੨੪॥੧॥	ਅਣ-ਮੰਗਿਆ	Anamangiaa Dhaan Dhaevanaa Kahu Naanak Sach Samaal Jeeo ||24||1||	You bestow Your Gifts, even if we do not ask for them. Says Nanak, contemplate the True Lord. ||24||1||	ਨਾਨਕ ਆਖਦਾ ਹੈ- ਪ੍ਰਭੂ (ਜੀਵਾਂ ਦੇ) ਮੰਗਣ ਤੋਂ ਬਿਨਾ ਹੀ ਹਰੇਕ ਦਾਤ ਬਖ਼ਸ਼ਣ ਵਾਲਾ ਹੈ। (ਹੇ ਭਾਈ!) ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖ ॥੨੪॥੧॥
2960	73	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	
2961	73	ਪੈ ਪਾਇ ਮਨਾਈ ਸੋਇ ਜੀਉ॥		Pai Paae Manaaee Soe Jeeo ||	I fall at His Feet to please and appease Him.	(ਹੇ ਭਾਈ!) ਮੈਂ (ਗੁਰੂ ਦੀ) ਚਰਨੀਂ ਲੱਗ ਕੇ ਉਸ (ਪਰਮਾਤਮਾ) ਨੂੰ ਪ੍ਰਸੰਨ ਕਰਨ ਦਾ ਜਤਨ ਕਰਦਾ ਹਾਂ।
2962	73	ਸਤਿਗੁਰ ਪੁਰਖਿ ਮਿਲਾਇਆ ਤਿਸੁ ਜੇਵਡੁ ਅਵਰੁ ਨ ਕੋਇ ਜੀਉ॥੧॥ਰਹਾਉ॥		Sathigur Purakh Milaaeiaa This Jaevadd Avar N Koe Jeeo ||1|| Rehaao ||	The True Guru has united me with the Lord, the Primal Being. There is no other as great as He. ||1||Pause||	ਗੁਰੂ-ਪੁਰਖ ਨੇ (ਮੈਨੂੰ) ਪਰਮਾਤਮਾ ਮਿਲਾਇਆ ਹੈਂ। (ਹੁਣ ਮੈਨੂੰ ਸਮਝ ਆਈ ਹੈ ਕਿ) ਉਸ ਪਰਮਾਤਮਾ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ ॥੧॥ ਰਹਾਉ ॥
2963	73	ਗੋਸਾਈ ਮਿਹੰਡਾ ਇਠੜਾ॥	(ਮਿ-ਹੰਡਾ) ਮੇਰਾ। ੲਿੱਠੜਾ) ਪਿਆਰਾ	Gosaaee Mihanddaa Eitharraa ||	The Lord of the Universe is my Sweet Beloved.	ਸ੍ਰਿਸ਼ਟੀ ਦਾ ਮਾਲਕ ਮੇਰਾ (ਪ੍ਰਭੂ) ਬਹੁਤ ਪਿਆਰਾ ਹੈ,

2964	73	ਅੰਮ ਅਬੇ ਥਾਵਹੁ ਮਿਠੜਾ॥	(ਅੰਮ) ਮਾਂ। (ਅੱਬੇ) ਪਿਤਾ। (ਥਾਵਹੁ) ਨਾਲੋਂ। ਮਿੱਠੜਾ	Anm Abae Thhaavahu Mitharraa ||	He is sweeter than my mother or father.	(ਮੈਨੂੰ ਆਪਣੇ) ਮਾਂ ਪਿਉ ਨਾਲੋਂ (ਭੀ) ਵਧੀਕ ਮਿੱਠਾ ਲੱਗ ਰਿਹਾ ਹੈ।
2965	73	ਭੈਣ ਭਾਈ ਸਭਿ ਸਜਣਾ ਤੁਧੁ ਜੇਹਾ ਨਾਹੀ ਕੋਇ ਜੀਉ॥੧॥	ਸੱਜਣਾ	Bhain Bhaaee Sabh Sajanaa Thudhh Jaehaa Naahee Koe Jeeo ||1||	Among all sisters and brothers and friends, there is no one like You. ||1||	(ਹੇ ਪ੍ਰਭੂ!) ਭੈਣ ਭਰਾ ਤੇ ਹੋਰ ਸਾਰੇ ਸਾਕ-ਸੈਣ (ਮੈਂ ਵੇਖ ਲਏ ਹਨ), ਤੇਰੇ ਬਰਾਬਰ ਦਾ ਹੋਰ ਕੋਈ (ਹਿਤ ਕਰਨ ਵਾਲਾ) ਨਹੀਂ ਹੈ ॥੧॥
2966	73	ਤੇਰੈ ਹੁਕਮੈ ਸਾਵਣੁ ਆਇਆ॥		Thaerai Hukamae Saavan Aaeiaa ||	By Your Command, the month of Saawan has come.	(ਹੇ ਪ੍ਰਭੂ!) ਤੇਰੇ ਹੁਕਮ ਵਿਚ ਹੀ (ਗੁਰੂ ਦਾ ਮਿਲਾਪ ਹੋਇਆ, ਮਾਨੋ, ਮੇਰੇ ਵਾਸਤੇ) ਸਾਵਣ ਦਾ ਮਹੀਨਾ ਆ ਗਿਆ,
2967	73	ਮੈ ਸਤ ਕਾ ਹਲੁ ਜੋਆਇਆ॥	ਸੱਤ। ਹਲੁ: ਪੋਲਾ ਬੋਲੋ	Mai Sath Kaa Hal Joaaeiaa ||	I have hooked up the plow of Truth,	(ਗੁਰੂ ਦੀ ਕਿਰਪਾ ਨਾਲ) ਮੈਂ ਉੱਚ ਆਚਰਣ ਬਣਾਣ ਦਾ ਹਲ ਜੋਅ ਦਿੱਤਾ।
2968	73	ਨਾਉ ਬੀਜਣ ਲਗਾ ਆਸ ਕਰਿ ਹਰਿ ਬੋਹਲ ਬਖਸ ਜਮਾਇ ਜੀਉ॥੨॥		Naao Beejan Lagaa Aas Kar Har Bohal Bakhas Jamaae Jeeo ||2||	And I plant the seed of the Name in hopes that the Lord, in His Generosity, will bestow a bountiful harvest. ||2||	ਮੈਂ ਇਹ ਆਸ ਕਰ ਕੇ ਤੇਰਾ ਨਾਮ (ਆਪਣੇ ਹਿਰਦੇ-ਖੇਤ ਵਿਚ) ਬੀਜਣ ਲੱਗ ਪਿਆ ਕਿ ਤੇਰੀ ਬਖ਼ਸ਼ਸ਼ ਦਾ ਬੋਹਲ ਇਕੱਠਾ ਹੋ ਜਾਇਗਾ ॥੨॥
2969	73	ਹਉ ਗੁਰ ਮਿਲਿ ਇਕੁ ਪਛਾਣਦਾ॥		Ho Gur Mil Eik Pashhaanadhaa ||	Meeting with the Guru, I recognize only the One Lord.	(ਹੇ ਪ੍ਰਭੂ!) ਗੁਰੂ ਨੂੰ ਮਿਲ ਕੇ ਮੈਂ ਸਿਰਫ਼ ਤੇਰੇ ਨਾਲ ਸਾਂਝ ਪਾਈ ਹੈ,

2970	73	ਦੁਯਾ ਕਾਗਲੁ ਚਿਤਿ ਨ ਜਾਣਦਾ॥	ਦੁ-ਯਾ: ਦੱਦੇ ਔਂਕੜ, ਯਾ ਤਾਲੂ ਤੋਂ ਬੋਲ ਕੇ ਕੰਨਾ ਲਾਓ। (ਦੂਜਾ ਪਾਠ: ਕਾ ਗਲੁ)	Dhuyaa Kaagal Chith N Jaanadhaa ||	In my consciousness, I do not know of any other account.	ਮੈਂ ਤੇਰੇ ਨਾਮ ਤੋਂ ਬਿਨਾ ਕੋਈ ਹੋਰ ਲੇਖਾ ਲਿਖਣਾ ਨਹੀਂ ਜਾਣਦਾ।
2971	73	ਹਰਿ ਇਕਤੈ ਕਾਰੈ ਲਾਇਓਨੁ ਜਿਉ ਭਾਵੈ ਤਿਵੈ ਨਿਬਾਹਿ ਜੀਉ॥੩॥	ਇੱਕ-ਤੈ	Har Eikathai Kaarai Laaeioun Jio Bhaavai Thinavai Nibaahi Jeeo ||3||	The Lord has assigned one task to me; as it pleases Him, I perform it. ||3||	ਹੇ ਹਰੀ! ਤੂੰ ਮੈਨੂੰ (ਆਪਣਾ ਨਾਮ ਸਿਮਰਨ ਦੀ ਹੀ) ਇਕੋ ਕਾਰ ਵਿਚ ਜੋੜ ਦਿੱਤਾ ਹੈ। ਹੁਣ ਜਿਵੇਂ ਤੇਰੀ ਰਜ਼ਾ ਹੋਵੇ, ਇਸ ਕਾਰ ਨੂੰ ਸਿਰੇ ਚਾੜ੍ਹ ॥੩॥
2972	73	ਤੁਸੀ ਭੋਗਿਹੁ ਭੁੰਚਹੁ ਭਾਈਹੋ॥		Thusee Bhogihu Bhunchahu Bhaaeeho ||	Enjoy yourselves and eat, O Siblings of Destiny.	ਹੇ ਮੇਰੇ ਸਤਸੰਗੀ ਭਰਾਵੋ! ਤੁਸੀ ਭੀ (ਗੁਰੂ ਦੀ ਸਰਨ ਪੈ ਕੇ) ਪ੍ਰਭੂ ਦਾ ਨਾਮ-ਰਸ ਮਾਣੋ।
2973	73	ਗੁਰਿ ਦੀਬਾਣਿ ਕਵਾਇ ਪੈਨਾਈਓ॥		Gur Dheebaan Kavaae Painaaeeou ||	In the Guru's Court, He has blessed me with the Robe of Honor.	ਮੈਨੂੰ ਗੁਰੂ ਨੇ ਪਰਮਾਤਮਾ ਦੀ ਦਰਗਾਹ ਵਿਚ ਸਿਰੋਪਾ ਪਹਿਨਾ ਦਿੱਤਾ ਹੈ (ਆਦਰ ਦਿਵਾ ਦਿੱਤਾ ਹੈ, ਕਿਉਂਕਿ)
2974	73	ਹਉ ਹੋਆ ਮਾਹਰੁ ਪਿੰਡ ਦਾ ਬੰਨਿ ਆਦੇ ਪੰਜਿ ਸਰੀਕ ਜੀਉ॥੪॥	(ਬੰਨ੍ਹਿ) ਆਂਦੇ	Ho Hoaa Maahar Pindd Dhaa Bann Aadhae Panj Sareek Jeeo ||4||	I have become the Master of my body-village; I have taken the five rivals as prisoners. ||4||	ਮੈਂ ਹੁਣ ਆਪਣੇ ਸਰੀਰ ਦਾ ਚੌਧਰੀ ਬਣ ਗਿਆ ਹਾਂ, (ਗੁਰੂ ਦੀ ਮਿਹਰ ਨਾਲ) ਮੈਂ (ਕਾਮਾਦਿਕ) ਪੰਜੇ ਹੀ ਵਿਰੋਧ ਕਰਨ ਵਾਲੇ ਕਾਬੂ ਕਰ ਕੇ ਲਿਆ ਬਿਠਾਏ ਹਨ ॥੪॥
2975	73	ਹਉ ਆਇਆ ਸਾਮ੍ਹੈ ਤਿਹੰਡੀਆ॥	(ਸਾਮ੍ਹੈ) ਸ਼ਰਨ। ਸਾਮ੍ਹੈ: ਮੰਮਾ ਭਾਰਾ ਬੋਲੋ। ਤਿ-ਹੰਡੀਆ	Ho Aaeiaa Saamhai Thihanddeeaa ||	I have come to Your Sanctuary.	ਹੇ ਨਾਨਕ! (ਆਖ-ਹੇ ਮੇਰੇ ਪ੍ਰਭੂ!) ਮੈਂ ਤੇਰੀ ਸਰਨ ਆਇਆ ਹਾਂ।

2976	73	ਪੰਜਿ ਕਿਰਸਾਣ ਮੁਜੇਰੇ ਮਿਹਡਿਆ॥	(ਮਿਹ-ਡਿਆ) ਮੇਰੇ	Panj Kirasaan Mujaerae Mihaddiaa ||	The five farm-hands have become my tenants;	(ਤੇਰੀ ਮਿਹਰ ਨਾਲ ਪੰਜੇ (ਗਿਆਨ-ਇੰਦ੍ਰੇ) ਕਿਸਾਨ ਮੇਰੇ ਮੁਜ਼ਾਰੇ ਬਣ ਗਏ ਹਨ (ਮੇਰੇ ਕਹੇ ਵਿਚ ਤੁਰਦੇ ਹਨ)।
2977	73	ਕੰਨੁ ਕੋਈ ਕਢਿ ਨ ਹੰਘਈ ਨਾਨਕ ਵੁਠਾ ਘੁਘਿ ਗਿਰਾਉ ਜੀਉ॥੫॥	ਕੰਨੁ ਮੋਢਾ। ਕੰਨੁ ਨੰਨੇ ਹਲੰਤ ਲਾਉ। ਵੁੱਠਾ। ਘੁੱਘਿ-	Kann Koee Kadt N Hanghee Naanak Vuthaa Ghugh Giraao Jeeo ||5||	None dare to raise their heads against me. O Nanak, my village is populous and prosperous. ||5||	ਕੋਈ ਗਿਆਨ-ਇੰਦ੍ਰਾ ਕਿਸਾਨ ਮੈਥੋਂ ਆਕੀ ਹੋ ਕੇ) ਸਿਰ ਨਹੀਂ ਚੁੱਕ ਸਕਦਾ। ਹੁਣ ਮੇਰਾ ਸਰੀਰ-ਨਗਰ (ਭਲੇ ਗੁਣਾਂ ਦੀ) ਸੰਘਣੀ ਵਸੋਂ ਨਾਲ ਵੱਸ ਪਿਆ ਹੈ ॥੫॥
2978	73	ਹਉ ਵਾਰੀ ਘੁੰਮਾ ਜਾਵਦਾ॥		Ho Vaaree Ghunmaa Jaavadhaa ||	I am a sacrifice, a sacrifice to You.	(ਹੇ ਮੇਰੇ ਸ਼ਾਹ-ਪ੍ਰਭੂ!) ਮੈਂ ਤੈਥੋਂ ਸਦਕੇ ਜਾਂਦਾ ਹਾਂ, ਮੈਂ ਤੈਥੋਂ ਕੁਰਬਾਨ ਜਾਂਦਾ ਹਾਂ।
2979	73	ਇਕ ਸਾਹਾ ਤੁਧੁ ਧਿਆਇਦਾ॥		Eik Saahaa Thudhh Dhhiaaeidhaa ||	I meditate on You continually.	ਮੈਂ ਸਿਰਫ਼ ਤੈਨੂੰ ਹੀ ਆਪਣੇ ਹਿਰਦੇ ਵਿਚ ਟਿਕਾਈ ਬੈਠਾ ਹਾਂ। (ਹੇ ਮੇਰੇ ਸ਼ਾਹ-ਪ੍ਰਭੂ!) ਮੈਂ ਤੈਥੋਂ ਕੁਰਬਾਨ ਜਾਂਦਾ ਹਾਂ,
2980	73	ਉਜੜੁ ਥੇਹੁ ਵਸਾਇਓ ਹਉ ਤੁਧ ਵਿਟਹੁ ਕੁਰਬਾਣੁ ਜੀਉ॥੬॥	ਉੱਜੜੁ	Oujarr Thhaehu Vasaaeiou Ho Thudhh Vittahu Kurabaan Jeeo ||6||	The village was in ruins, but You have re-populated it. I am a sacrifice to You. ||6||	ਤੂੰ ਮੇਰਾ ਉੱਜੜਿਆ ਹੋਇਆ ਥੇਹ ਹੋਇਆ ਹਿਰਦਾ-ਘਰ ਵਸਾ ਦਿੱਤਾ ਹੈ ॥੬॥
2981	73	ਹਰਿ ਇਠੈ ਨਿਤ ਧਿਆਇਦਾ॥	(ਇੱਠੈ) ਪਿਆਰੇ	Har Eithai Nith Dhhiaaeidhaa ||	O Beloved Lord, I meditate on You continually;	(ਹੇ ਭਾਈ!) ਮੈਂ ਹੁਣ ਸਦਾ ਸਦਾ ਪਿਆਰੇ ਹਰੀ ਨੂੰ ਹੀ ਸਿਮਰਦਾ ਹਾਂ,

2982	73	ਮਨਿ ਚਿੰਦੀ ਸੋ ਫਲੁ ਪਾਇਦਾ॥		Man Chindhee So Fal Paaeidhaa ||	I obtain the fruits of my mind's desires.	ਅਪਣੇ ਮਨ ਵਿਚ ਮੈਂ ਜੋ ਇੱਛਾ ਧਾਰੀ ਬੈਠਾ ਸਾਂ, ਉਹ ਨਾਮ-ਫਲ ਹੁਣ ਮੈਂ ਪਾ ਲਿਆ ਹੈ।
2983	73	ਸਭੇ ਕਾਜ ਸਵਾਰਿਅਨੁ ਲਾਹੀਅਨੁ ਮਨ ਕੀ ਭੁਖ ਜੀਉ॥੭॥		Sabhae Kaaj Savaarian Laaheean Man Kee Bhukh Jeeo ||7||	All my affairs are arranged, and the hunger of my mind is appeased. ||7||	ਉਸ (ਪ੍ਰਭੂ) ਨੇ ਮੇਰੇ ਸਾਰੇ ਕੰਮ ਸਵਾਰ ਦਿੱਤੇ ਹਨ, ਮੇਰੇ ਮਨ ਦੀ ਮਾਇਆ ਵਾਲੀ ਭੁੱਖ ਉਸ ਨੇ ਦੂਰ ਕਰ ਦਿੱਤੀ ਹੈ ॥੭॥
2984	73	ਮੈ ਛਡਿਆ ਸਭੋ ਧੰਧੜਾ॥	ਸੱਭੋ	Mai Shhaddiaa Sabho Dhhandhharraa ||	I have forsaken all my entanglements;	(ਹੇ ਭਾਈ! ਸਿਮਰਨ ਦੀ ਬਰਕਤਿ ਨਾਲ) ਮੈਂ ਦੁਨੀਆ ਵਾਲਾ ਸਾਰਾ ਲਾਲਚ ਛੱਡ ਦਿੱਤਾ ਹੈ।
2985	73	ਗੋਸਾਈ ਸੇਵੀ ਸਚੜਾ॥	ਸੱਚੜਾ	Gosaaee Saevee Sacharraa ||	I serve the True Lord of the Universe.	ਮੈਂ ਸਦਾ-ਥਿਰ ਰਹਿਣ ਵਾਲੇ ਸ੍ਰਿਸ਼ਟੀ ਦੇ ਮਾਲਕ ਪ੍ਰਭੂ ਨੂੰ ਹੀ ਸਿਮਰਦਾ ਰਹਿੰਦਾ ਹਾਂ।
2986	73	ਨਉ ਨਿਧਿ ਨਾਮੁ ਨਿਧਾਨੁ ਹਰਿ ਮੈ ਪਲੈ ਬਧਾ ਛਿਕਿ ਜੀਉ॥੮॥	ਪੱਲੈ। ਬੱਧਾ। ਛਿੱਕਿ	No Nidhh Naam Nidhhaan Har Mai Palai Badhhaa Shhik Jeeo ||8||	I have firmly attached the Name, the Home of the Nine Treasures to my robe. ||8||	(ਹੁਣ) ਪਰਮਾਤਮਾ ਦਾ ਨਾਮ ਖ਼ਜ਼ਾਨਾ ਹੀ (ਮੇਰੇ ਵਾਸਤੇ) ਜਗਤ ਦੇ ਨੌ ਖ਼ਜਾਨੇ ਹੈ, ਮੈਂ ਉਸ ਨਾਮ-ਧਨ ਨੂੰ ਆਪਣੇ (ਹਿਰਦੇ ਦੇ) ਪੱਲੇ ਵਿਚ ਘੁੱਟ ਕੇ ਬੰਨ੍ਹ ਲਿਆ ਹੈ ॥੮॥
2987	73	ਮੈ ਸੁਖੀ ਹੂੰ ਸੁਖੁ ਪਾਇਆ॥		Mai Sukhee Hoon Sukh Paaeiaa ||	I have obtained the comfort of comforts.	(ਸ਼ਬਦ ਦੀ ਬਰਕਤਿ ਨਾਲ) ਮੈਂ (ਦੁਨੀਆ ਦੇ) ਸਾਰੇ ਸੁਖਾਂ ਤੋਂ ਵਧੀਆ ਆਤਮਕ ਸੁਖ ਲੱਭ ਲਿਆ ਹੈ।

2988	73	ਗੁਰਿ ਅੰਤਰਿ ਸਬਦੁ ਵਸਾਇਆ॥		Gur Anthar Sabadh Vasaaeiaa ||	The Guru has implanted the Word of the Shabad deep within me.	ਗੁਰੂ ਨੇ ਮੇਰੇ ਹਿਰਦੇ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਸ਼ਬਦ ਵਸਾ ਦਿੱਤਾ ਹੈ
2989	73	ਸਤਿਗੁਰਿ ਪੁਰਖਿ ਵਿਖਾਲਿਆ ਮਸਤਕਿ ਧਰਿ ਕੈ ਹਥੁ ਜੀਉ॥੯॥		Sathigur Purakh Vikhaaliaa Masathak Dhhar Kai Hathh Jeeo ||9||	The True Guru has shown me my Husband Lord; He has placed His Hand upon my forehead. ||9||	ਗੁਰੂ-ਪੁਰਖ ਨੇ ਮੇਰੇ ਸਿਰ ਉੱਤੇ ਆਪਣਾ (ਮਿਹਰ ਦਾ) ਹੱਥ ਰੱਖ ਕੇ ਮੈਨੂੰ (ਪਰਮਾਤਮਾ ਦਾ) ਦਰਸ਼ਨ ਕਰਾ ਦਿੱਤਾ ਹੈ ॥੯॥
2990	73	ਮੈ ਬਧੀ ਸਚੁ ਧਰਮਸਾਲ ਹੈ॥	ਬੱਧੀ	Mai Badhhee Sach Dhharam Saal Hai ||	I have established the Temple of Truth.	ਗੁਰਸਿੱਖਾਂ ਦੀ ਸੰਗਤਿ ਵਿਚ ਬੈਠਣਾ ਮੈਂ ਧਰਮਸਾਲ ਬਣਾਈ ਹੈ, ਜਿਥੇ ਮੈਂ ਸਦਾ-ਥਿਰ ਪ੍ਰਭੂ ਨੂੰ ਸਿਮਰਦਾ ਹਾਂ।
2991	73	ਗੁਰਸਿਖਾ ਲਹਦਾ ਭਾਲਿ ਕੈ॥	ਲ–ਹਦਾ	Gurasikhaa Lehadhaa Bhaal Kai ||	I sought out the Guru's Sikhs, and brought them into it.	ਗੁਰੂ ਦੇ ਸਿੱਖਾਂ ਨੂੰ ਮੈਂ (ਜਤਨ ਨਾਲ) ਲੱਭ ਕੇ ਮਿਲਦਾ ਹਾਂ।
2992	73	ਪੈਰ ਧੋਵਾ ਪਖਾ ਫੇਰਦਾ ਤਿਸੁ ਨਿਵਿ ਨਿਵਿ ਲਗਾ ਪਾਇ ਜੀਉ॥੧੦॥	ਪੱਖਾ	Pair Dhhovaa Pakhaa Faeradhaa This Niv Niv Lagaa Paae Jeeo ||10||	I wash their feet, and wave the fan over them. Bowing low, I fall at their feet. ||10||	(ਜੇਹੜਾ ਗੁਰਸਿੱਖ ਮਿਲ ਪਏ) ਮੈਂ (ਲੋੜ ਅਨੁਸਾਰ) ਉਸ ਦੇ ਪੈਰ ਧੋਂਦਾ ਹਾਂ, ਉਸ ਨੂੰ ਪੱਖਾ ਝੱਲਦਾ ਹਾਂ, ਮੈਂ ਪੂਰੇ ਅਦਬ ਨਾਲ ਉਸ ਦੀ ਪੈਰੀਂ ਲੱਗਦਾ ਹਾਂ ॥੧੦॥
2993	74	ਸੁਣਿ ਗਲਾ ਗੁਰ ਪਹਿ ਆਇਆ॥	ਗੱਲਾਂ	Sun Galaa Gur Pehi Aaeiaa ||	I heard of the Guru, and so I went to Him.	(ਗੁਰੂ ਦੀ ਵਡਿਆਈ ਦੀਆਂ) ਗੱਲਾਂ ਸੁਣ ਕੇ ਮੈਂ ਭੀ ਗੁਰੂ ਦੇ ਕੋਲ ਆ ਗਿਆ ਹਾਂ,

2994	74	ਨਾਮੁ ਦਾਨੁ ਇਸਨਾਨੁ ਦਿੜਾਇਆ॥		Naam Dhaan Eisanaan Dhirraaeiaa ||	He instilled within me the Naam, the goodness of charity and true cleansing.	ਤੇ ਉਸ ਨੇ ਮੇਰੇ ਹਿਰਦੇ ਵਿਚ ਇਹ ਬਿਠਾ ਦਿੱਤਾ ਹੈ ਕਿ ਨਾਮ ਸਿਮਰਨਾ, ਹੋਰਨਾਂ ਨੂੰ ਸਿਮਰਨ ਵਲ ਪ੍ਰੇਰਨਾ, ਪਵਿਤ੍ਰ ਜਵਿਨ ਬਨਾਣਾ-ਇਹੀ ਹੈ ਸਹੀ ਜੀਵਨ-ਰਾਹ
2995	74	ਸਭੁ ਮੁਕਤੁ ਹੋਆ ਸੈਸਾਰੜਾ ਨਾਨਕ ਸਚੀ ਬੇੜੀ ਚਾੜਿ ਜੀਉ॥੧੧॥		Sabh Mukath Hoaa Saisaararraa Naanak Sachee Baerree Chaarr Jeeo ||11||	All the world is liberated, O Nanak, by embarking upon the Boat of Truth. ||11||	ਹੇ ਨਾਨਕ! ਗੁਰੂ (ਜਿਸ ਜਿਸ ਨੂੰ) ਸਦਾ-ਥਿਰ ਪ੍ਰਭੂ ਦੇ ਸਿਮਰਨ ਦੀ ਬੇੜੀ ਵਿਚ ਬਿਠਾਂਦਾ ਹੈ, ਉਹ ਸਾਰਾ ਜਗਤ ਹੀ ਵਿਕਾਰਾਂ ਤੋਂ ਬਚਦਾ ਜਾਂਦਾ ਹੈ ॥੧੧॥
2996	74	ਸਭ ਸ੍ਰਿਸਟਿ ਸੇਵੇ ਦਿਨੁ ਰਾਤਿ ਜੀਉ॥		Sabh Srisatt Saevae Dhin Raath Jeeo ||	The whole Universe serves You, day and night.	(ਹੇ ਪ੍ਰਭੂ!) ਸਾਰੀ ਸ੍ਰਿਸ਼ਟੀ ਦਿਨ ਰਾਤ ਤੇਰੀ ਹੀ ਸੇਵਾ ਭਗਤੀ ਕਰਦੀ ਹੈ,
2997	74	ਦੇ ਕੰਨੁ ਸੁਣਹੁ ਅਰਦਾਸਿ ਜੀਉ॥		Dhae Kann Sunahu Aradhaas Jeeo ||	Please hear my prayer, O Dear Lord.	(ਕਿਉਂਕਿ) ਤੂੰ (ਹਰੇਕ ਜੀਵ ਦੀ) ਅਰਦਾਸ ਧਿਆਨ ਨਾਲ ਸੁਣਦਾ ਹੈਂ।
2998	74	ਠੋਕਿ ਵਜਾਇ ਸਭ ਡਿਠੀਆ ਤੁਸਿ ਆਪੇ ਲਇਅਨੁ ਛਡਾਇ ਜੀਉ॥੧੨॥	ਡਿੱਠੀਆ	Thok Vajaae Sabh Dditheeaa Thus Aapae Laeian Shhaddaae Jeeo ||12||	I have thoroughly tested and seen all- You alone, by Your Pleasure, can save us. ||12||	(ਹੇ ਭਾਈ!) ਮੈਂ ਸਾਰੀ ਲੁਕਾਈ ਨੂੰ ਚੰਗੀ ਤਰ੍ਹਾਂ ਪਰਖ ਕੇ ਵੇਖ ਲਿਆ ਹੈ (ਜਿਨ੍ਹਾਂ ਜਿਨ੍ਹਾਂ ਨੂੰ ਵਿਕਾਰਾਂ ਤੋਂ ਛਡਾਇਆ ਹੈ) ਪ੍ਰਭੂ ਨੇ ਆਪ ਹੀ ਪ੍ਰਸੰਨ ਹੋ ਕੇ ਛਡਾਇਆ ਹੈ ॥੧੨॥
2999	74	ਹੁਣਿ ਹੁਕਮੁ ਹੋਆ ਮਿਹਰਵਾਣ ਦਾ॥		Hun Hukam Hoaa Miharavaan Dhaa ||	Now, the Merciful Lord has issued His Command.	ਮਿਹਰਬਾਨ ਪ੍ਰਭੂ ਦਾ ਹੁਣ ਐਸਾ ਹੁਕਮ ਵਰਤਿਆ ਹੈ,

3000	74	ਪੈ ਕੋਇ ਨ ਕਿਸੈ ਰਞਾਣਦਾ॥	(ਰਞਾਣਦਾ) ਦਬਾਉਂਦਾ	Pai Koe N Kisai Ranjaanadhaa ||	Let no one chase after and attack anyone else.	ਕਿ ਕੋਈ ਭੀ ਕਾਮਾਦਿਕ ਵਿਕਾਰ (ਸਰਨ ਆਏ) ਕਿਸੇ ਨੂੰ ਭੀ ਦੁਖੀ ਨਹੀਂ ਕਰ ਸਕਦਾ।
3001	74	ਸਭ ਸੁਖਾਲੀ ਵੁਠੀਆ ਇਹੁ ਹੋਆ ਹਲੇਮੀ ਰਾਜੁ ਜੀਉ॥੧੩॥	(ਵੁੱਠੀਆ) ਵਸ ਰਹੀ ਹੈ। (ਹਲੇਮੀ) ਨਿਮ੍ਰਤਾ	Sabh Sukhaalee Vutheeaa Eihu Hoaa Halaemee Raaj Jeeo ||13||	Let all abide in peace, under this Benevolent Rule. ||13||	(ਜਿਸ ਜਿਸ ਉਤੇ ਪ੍ਰਭੂ ਦੀ ਮਿਹਰ ਹੋਈ ਹੈ ਉਹ) ਸਾਰੀ ਲੁਕਾਈ (ਅੰਤਰ ਆਤਮੇ) ਆਤਮਕ ਆਨੰਦ ਵਿਚ ਵੱਸ ਰਹੀ ਹੈ, (ਹਰੇਕ ਦੇ ਅੰਦਰ) ਇਹ ਨਿਮ੍ਰਤਾ ਦਾ ਰਾਜ ਹੋ ਗਿਆ ਹੈ ॥੧੩॥
3002	74	ਝਿੰਮਿ ਝਿੰਮਿ ਅੰਮ੍ਰਿਤੁ ਵਰਸਦਾ॥	ਅੰਦਰ ਬਾਹਰ (ਝਿੰਮਿ) ਅਨੰਦਦਾਇਕ, ਨਿਰਗੁਣ ਦੀ ਝਿੰਮਿ ਚਮਕਾਰ ਚ ਰਿਦੇ ਚੋਂ ਮੁੱਖ ਚ (ਝਿੰਮਿ) ਲਗਾਤਾਰ ਅੰਮ੍ਰਿਤ ਵਰਸ ਰਿਹਾ ਹੈ	Jhinm Jhinm Anmrith Varasadhaa ||	Softly and gently, drop by drop, the Ambrosial Nectar trickles down.	ਆਤਮਕ ਅਡੋਲਤਾ ਪੈਦਾ ਕਰ ਕੇ ਪ੍ਰਭੂ ਦਾ ਨਾਮ-ਅੰਮ੍ਰਿਤ ਮੇਰੇ ਅੰਦਰ ਵਰਖਾ ਕਰ ਰਿਹਾ ਹੈ।
3003	74	ਬੋਲਾਇਆ ਬੋਲੀ ਖਸਮ ਦਾ॥		Bolaaeiaa Bolee Khasam Dhaa ||	I speak as my Lord and Master causes me to speak.	ਮੈਂ ਖਸਮ ਪ੍ਰਭੂ ਦੀ ਪ੍ਰੇਰਨਾ ਨਾਲ ਉਸ ਦੀ ਸਿਫ਼ਤ-ਸਾਲਾਹ ਦੇ ਬੋਲ ਬੋਲ ਰਿਹਾ ਹਾਂ।
3004	74	ਬਹੁ ਮਾਣੁ ਕੀਆ ਤੁਧੁ ਉਪਰੇ ਤੂੰ ਆਪੇ ਪਾਇਹਿ ਥਾਇ ਜੀਉ॥੧੪॥	ਉੱਪਰੇ। ਪਾਇ-ਹਿ	Bahu Maan Keeaa Thudhh Ouparae Thoon Aapae Paaeihi Thhaae Jeeo ||14||	I place all my faith in You; please accept me. ||14||	ਮੈਂ ਤੇਰੇ ਉਤੇ ਹੀ ਮਾਣ ਕਰਦਾ ਆਇਆ ਹਾਂ (ਮੈਨੂੰ ਨਿਸ਼ਚਾ ਹੈ ਕਿ) ਤੂੰ ਆਪ ਹੀ (ਮੈਨੂੰ) ਕਬੂਲ ਕਰ ਲਏਂਗਾ ॥੧੪॥

3005	74	ਤੇਰਿਆ ਭਗਤਾ ਭੁਖ ਸਦ ਤੇਰੀਆ॥		Thaeriaa Bhagathaa Bhukh Sadh Thaereeaa ||	Your devotees are forever hungry for You.	ਹੇ ਪ੍ਰਭੂ! ਤੇਰੀ ਭਗਤੀ ਕਰਨ ਵਾਲੇ ਵਡਭਾਗੀਆਂ ਨੂੰ ਸਦਾ ਤੇਰੇ ਦਰਸਨ ਦੀ ਭੁੱਖ ਲੱਗੀ ਰਹਿੰਦੀ ਹੈ।
3006	74	ਹਰਿ ਲੋਚਾ ਪੂਰਨ ਮੇਰੀਆ॥		Har Lochaa Pooran Maereeaa ||	O Lord, please fulfill my desires.	ਹੇ ਹਰੀ! ਮੇਰੀ ਭੀ ਇਹ ਤਾਂਘ ਪੂਰੀ ਕਰ।
3007	74	ਦੇਹੁ ਦਰਸੁ ਸੁਖ ਦਾਤਿਆ ਮੈ ਗਲ ਵਿਚਿ ਲੈਹੁ ਮਿਲਾਇ ਜੀਉ॥੧੫॥	ਗਲ਼	Dhaehu Dharas Sukhadhaathiaa Mai Gal Vich Laihu Milaae Jeeo ||15||	Grant me the Blessed Vision of Your Darshan, O Giver of Peace. Please, take me into Your Embrace. ||15||	ਹੇ ਸੁਖਾਂ ਦੇ ਦੇਣ ਵਾਲੇ ਪ੍ਰਭੂ! ਮੈਨੂੰ ਆਪਣਾ ਦਰਸਨ ਦੇਹ, ਮੈਨੂੰ ਆਪਣੇ ਗਲ ਨਾਲ ਲਾ ਲੈ ॥੧੫॥
3008	74	ਤੁਧੁ ਜੇਵਡੁ ਅਵਰੁ ਨ ਭਾਲਿਆ॥	ਭੱਾਲਿਆ	Thudhh Jaevadd Avar N Bhaaliaa ||	I have not found any other as Great as You.	ਤੇਰੇ ਬਰਾਬਰ ਦਾ ਕੋਈ ਹੋਰ (ਕਿਤੇ ਭੀ) ਨਹੀਂ ਲੱਭਦਾ।
3009	74	ਤੂੰ ਦੀਪ ਲੋਅ ਪਇਆਲਿਆ॥	ਪ-ਇਆਲਿਆ: ਕਸਕੇ, ਪੱਪਾ ਮੁਕਤਾ ਬੋਲੋ	Thoon Dheep Loa Paeiaaliaa ||	You pervade the continents, the worlds and the nether regions;	ਹੇ ਪ੍ਰਭੂ! ਤੂੰ ਸਾਰੇ ਦੇਸਾਂ ਵਿਚ ਸਾਰੇ ਭਵਨਾਂ ਵਿਚ ਤੇ ਪਾਤਾਲਾਂ ਵਿਚ ਵੱਸਦਾ ਹੈਂ।
3010	74	ਤੂੰ ਥਾਨਿ ਥਨੰਤਰਿ ਰਵਿ ਰਹਿਆ ਨਾਨਕ ਭਗਤਾ ਸਚੁ ਅਧਾਰੁ ਜੀਉ॥੧੬॥		Thoon Thhaan Thhananthar Rav Rehiaa Naanak Bhagathaa Sach Adhhaar Jeeo ||16||	You are permeating all places and interspaces. Nanak: You are the True Support of Your devotees. ||16||	ਹੇ ਪ੍ਰਭੂ! ਤੂੰ ਹਰੇਕ ਥਾਂ ਵਿਚ ਵਿਆਪਕ ਹੈਂ। ਹੇ ਨਾਨਕ! ਪ੍ਰਭੂ ਦੀ ਭਗਤੀ ਕਰਨ ਵਾਲਿਆਂ ਬੰਦਿਆਂ ਨੂੰ ਸਦਾ-ਥਿਰ ਪ੍ਰਭੂ ਦਾ ਨਾਮ ਹੀ (ਜੀਵਨ ਲਈ) ਸਹਾਰਾ ਹੈ ॥੧੬॥

3011	74	ਹਉ ਗੋਸਾਈ ਦਾ ਪਹਿਲਵਾਨੜਾ॥	ਪਹਿਲਵਾਨ-ੜਾ	Ho Gosaaee Dhaa Pehilavaanarraa ||	I am a wrestler; I belong to the Lord of the World.	ਮੈਂ ਮਾਲਕ-ਪ੍ਰਭੂ ਦਾ ਅੰਞਾਣ ਜਿਹਾ ਪਹਿਲਵਾਨ ਸਾਂ,
3012	74	ਮੈ ਗੁਰ ਮਿਲਿ ਉਚ ਦੁਮਾਲੜਾ॥	ਉੱਚ। ਦੁਮੱਾਲੜਾ	Mai Gur Mil Ouch Dhumaalarraa ||	I met with the Guru, and I have tied a tall, plumed turban.	ਪਰ ਗੁਰੂ ਨੂੰ ਮਿਲ ਕੇ ਮੈਂ ਉੱਚੇ ਦੁਮਾਲੇ ਵਾਲਾ ਬਣ ਗਿਆ ਹਾਂ।
3013	74	ਸਭ ਹੋਈ ਛਿੰਝ ਇਕਠੀਆ ਦਯੁ ਬੈਠਾ ਵੇਖੈ ਆਪਿ ਜੀਉ॥੧੭॥	ਇਕੱਠੀਆ।ਦ-ਯੁ: ਦ ਮੁਕਤਾ, ਯੁ ਔਂਕੜ ਸਹਿਤ ਤਾਲੂ ਤੋਂ ਬੋਲੋ	Sabh Hoee Shhinjh Eikatheeaa Dhay Baithaa Vaekhai Aap Jeeo ||17||	All have gathered to watch the wrestling match, and the Merciful Lord Himself is seated to behold it. ||17||	ਜਗਤ-ਅਖਾੜੇ ਵਿਚ ਸਾਰੇ ਜੀਵ ਆ ਇਕੱਠੇ ਹੋਏ ਹਨ, ਤੇ (ਇਸ ਅਖਾੜੇ ਨੂੰ) ਪਿਆਰਾ ਪ੍ਰਭੂ ਆਪ ਬੈਠਾ ਵੇਖ ਰਿਹਾ ਹੈ ॥੧੭॥
3014	74	ਵਾਤ ਵਜਨਿ ਟੰਮਕ ਭੇਰੀਆ॥	ਵੱਜਨਿ। ਭੇਰੀਆਂ	Vaath Vajan Ttanmak Bhaereeaa ||	The bugles play and the drums beat.	ਵਾਜੇ ਵੱਜ ਰਹੇ ਹਨ, ਢੋਲ ਵੱਜ ਰਹੇ ਹਨ, ਨਗਾਰੇ ਵੱਜ ਰਹੇ ਹਨ (ਭਾਵ, ਸਾਰੇ ਜੀਵ ਮਾਇਆ ਵਾਲੀ ਦੌੜ-ਭਜ ਕਰ ਰਹੇ ਹਨ।)
3015	74	ਮਲ ਲਥੇ ਲੈਦੇ ਫੇਰੀਆ॥	ਮੱਲ। ਲੱਥੇ। ਫੇਰੀਆਂ	Mal Lathhae Laidhae Faereeaa ||	The wrestlers enter the arena and circle around.	ਪਹਿਲਵਾਨ ਆ ਇਕੱਠੇ ਹੋਏ ਹਨ, (ਪਿੜ ਦੇ ਦੁਆਲੇ, ਜਗਤ-ਅਖਾੜੇ ਵਿਚ) ਫੇਰੀਆਂ ਲੈ ਰਹੇ ਹਨ।
3016	74	ਨਿਹਤੇ ਪੰਜਿ ਜੁਆਨ ਮੈ ਗੁਰ ਥਾਪੀ ਦਿਤੀ ਕੰਡਿ ਜੀਉ॥੧੮॥	(ਨਿਹ-ਤੇ) ਬੰਨ੍ ਲਏ।ਮੈਂ	Nihathae Panj Juaan Mai Gur Thhaapee Dhithee Kandd Jeeo ||18||	I have thrown the five challengers to the ground, and the Guru has patted me on the back. ||18||	ਮੇਰੀ ਪਿੱਠ ਉੱਤੇ (ਮੇਰੇ) ਗੁਰੂ ਨੇ ਥਾਪੀ ਦਿੱਤੀ, ਤਾਂ ਮੈਂ (ਵਿਰੋਧੀ) ਪੰਜੇ (ਕਾਮਾਦਿਕ) ਜੁਆਨ ਕਾਬੂ ਕਰ ਲਏ ॥੧੮॥

3017	74	ਸਭ ਇਕਠੇ ਹੋਇ ਆਇਆ॥	ਇਕੱਠੇ	Sabh Eikathae Hoe Aaeiaa ||	All have gathered together,	ਸਾਰੇ (ਨਰ ਨਾਰ) ਮਨੁੱਖਾ ਜਨਮ ਲੈ ਕੇ ਆਏ ਹਨ,
3018	74	ਘਰਿ ਜਾਸਨਿ ਵਾਟ ਵਟਾਇਆ॥		Ghar Jaasan Vaatt Vattaaeiaa ||	But we shall return home by different routes.	ਪਰ (ਇੱਥੇ ਆਪੋ ਆਪਣੇ ਕੀਤੇ ਕਰਮਾਂ ਅਨੁਸਾਰ) ਪਰਲੋਕ-ਘਰ ਵਿਚ ਵੱਖ ਵੱਖ ਜੂਨਾਂ ਵਿਚ ਪੈ ਕੇ ਜਾਣਗੇ।
3019	74	ਗੁਰਮੁਖਿ ਲਾਹਾ ਲੈ ਗਏ ਮਨਮੁਖ ਚਲੇ ਮੂਲੁ ਗਵਾਇ ਜੀਉ॥੧੯॥		Guramukh Laahaa Lai Geae Manamukh Chalae Mool Gavaae Jeeo ||19||	The Gurmukhs reap their profits and leave, while the self-willed manmukhs lose their investment and depart. ||19||	ਜੇਹੜੇ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰਦੇ ਹਨ, ਉਹ ਇੱਥੋਂ (ਹਰਿ-ਨਾਮ ਦਾ) ਨਫ਼ਾ ਖੱਟ ਕੇ ਜਾਂਦੇ ਹਨ। ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਪਹਿਲੀ ਰਾਸ-ਪੂੰਜੀ ਭੀ ਗਵਾ ਜਾਂਦੇ ਹਨ (ਪਹਿਲੇ ਕੀਤੇ ਭਲੇ ਕੰਮਾਂ ਦੇ ਸੰਸਕਾਰ ਵੀ ਮੰਦ ਕਰਮਾਂ ਦੀ ਰਾਹੀਂ ਮਿਟਾ ਕੇ ਜਾਂਦੇ ਹਨ) ॥੧੯॥
3020	74	ਤੂੰ ਵਰਨਾ ਚਿਹਨਾ ਬਾਹਰਾ॥		Thoon Varanaa Chihanaa Baaharaa ||	You are without color or mark.	ਹੇ ਪ੍ਰਭੂ! ਤੇਰਾ ਨਾਹ ਕੋਈ ਖ਼ਾਸ ਰੰਗ ਹੈ ਤੇ ਨਾਹ ਕੋਈ ਖ਼ਾਸ ਚਿਹਨ-ਚੱਕਰ ਹਨ,
3021	74	ਹਰਿ ਦਿਸਹਿ ਹਾਜਰੁ ਜਾਹਰਾ॥		Har Dhisehi Haajar Jaaharaa ||	The Lord is seen to be manifest and present.	ਫਿਰ ਭੀ, ਹੇ ਹਰੀ! ਤੂੰ (ਸਾਰੇ ਜਗਤ ਵਿਚ ਪ੍ਰਤੱਖ ਦਿੱਸਦਾ ਹੈਂ।

3022	74	ਸੁਣਿ ਸੁਣਿ ਤੁਝੈ ਧਿਆਇਦੇ ਤੇਰੇ ਭਗਤ ਰਤੇ ਗੁਣਤਾਸੁ ਜੀਉ॥੨੦॥		Sun Sun Thujhai Dhhiaaeidhae Thaerae Bhagath Rathae Gunathaas Jeeo ||20||	Hearing of Your Glories again and again, Your devotees meditate on You; they are attuned to You, O Lord, Treasure of Excellence. ||20||	ਤੇਰੀ ਭਗਤੀ ਕਰਨ ਵਾਲੇ ਬੰਦੇ ਤੇਰੀਆਂ ਸਿਫ਼ਤਾਂ ਸੁਣ ਸੁਣ ਕੇ ਤੈਨੂੰ ਸਿਮਰਦੇ ਹਨ। ਤੂੰ ਗੁਣਾਂ ਦਾ ਖ਼ਜ਼ਾਨਾ ਹੈਂ। ਤੇਰੇ ਭਗਤ ਤੇਰੇ ਪਿਆਰ ਵਿਚ ਰੰਗੇ ਰਹਿੰਦੇ ਹਨ ॥੨੦॥
3023	74	ਮੈ ਜੁਗਿ ਜੁਗਿ ਦਯੈ ਸੇਵੜੀ॥	ਦ-ਯੈ: ਦੱਦਾ ਮੁਕਤਾ ਬੋਲ, ਯੈ ਦੁਲਾਂ ਸਹਿਤ ਤਾਲੂ ਤੋਂ ਬੋਲੋ	Mai Jug Jug Dhayai Saevarree ||	Through age after age, I am the servant of the Merciful Lord.	ਮੈਂ ਸਦਾ ਹੀ ਉਸ ਪਿਆਰੇ ਪ੍ਰਭੂ ਦੀ ਸੋਹਣੀ ਸੇਵਾ ਭਗਤੀ ਕਰਦਾ ਰਹਿੰਦਾ ਹਾਂ।
3024	74	ਗੁਰਿ ਕਟੀ ਮਿਹਡੀ ਜੇਵੜੀ॥	(ਮਿਹ-ਡੀ) ਮੇਰੀ। ਕੱਟੀ	Gur Kattee Mihaddee Jaevarree ||	The Guru has cut away my bonds.	ਗੁਰੂ ਨੇ ਮੇਰੀ (ਮਾਇਆ ਦੇ ਮੋਹ ਦੀ) ਫਾਹੀ ਕੱਟ ਦਿੱਤੀ ਹੈ।
3025	74	ਹਉ ਬਾਹੁੜਿ ਛਿੰਝ ਨ ਨਚਊ ਨਾਨਕ ਅਉਸਰੁ ਲਧਾ ਭਾਲਿ ਜੀਉ॥੨੧॥੨॥੨੯॥	ਨੱਚਊ। ਲੱਧਾ	Ho Baahurr Shhinjh N Nachoo Naanak Aousar Ladhhaa Bhaal Jeeo ||21||2||29||	I shall not have to dance in the wrestling arena of life again. Nanak has searched, and found this opportunity. ||21||2||29||	ਹੇ ਨਾਨਕ! (ਆਖ) ਹੁਣ ਮੈਂ ਮੁੜ ਮੁੜ ਇਸ ਜਗਤ-ਅਖਾੜੇ ਵਿਚ ਭਟਕਦਾ ਨਹੀਂ ਫਿਰਾਂਗਾ। ਗੁਰੂ ਦੀ ਕਿਰਪਾ ਨਾਲ) ਢੂੰਢ ਕੇ ਮੈਂ (ਸਿਮਰਨ ਭਗਤੀ ਦਾ ਮੌਕਾ ਪ੍ਰਾਪਤ ਕਰ ਲਿਆ ਹੈ ॥੨੧॥੨॥੨੯॥{73-74}
3026	74	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	

3027	74	ਸਿਰੀਰਾਗੁ ਪਹਰੇ ਮਹਲਾ ੧ ਘਰੁ ੧॥		Sireeraag Mehalaa 1 Peharae Ghar 1 ||	Siree Raag, First Mehl, Pehray, First House:	
3028	74	ਪਹਿਲੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਹੁਕਮਿ ਪਇਆ ਗਰਭਾਸਿ॥		Pehilai Peharai Rain Kai Vanajaariaa Mithraa Hukam Paeiaa Garabhaas ||	In the first watch of the night O my merchant friend you were cast into the womb, by the Lord's Command.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ-ਮਿਤ੍ਰ! (ਜ਼ਿੰਦਗੀ ਦੀ) ਰਾਤ ਦੇ ਪਹਿਲੇ ਪਹਰ ਵਿਚ ਪਰਮਾਤਮਾ ਦੇ ਹੁਕਮ ਅਨੁਸਾਰ ਤੂੰ ਮਾਂ ਦੇ ਪੇਟ ਵਿਚ ਆ ਨਿਵਾਸ ਲਿਆ ਹੈ।
3029	74	ਉਰਧ ਤਪੁ ਅੰਤਰਿ ਕਰੇ ਵਣਜਾਰਿਆ ਮਿਤ੍ਰਾ ਖਸਮ ਸੇਤੀ ਅਰਦਾਸਿ॥		Ouradhh Thap Anthar Karae Vanajaariaa Mithraa Khasam Saethee Aradhaas ||	Upside-down, within the womb, you performed penance, O my merchant friend, and you prayed to your Lord and Master.	ਹੇ ਵਣਜਾਰੇ ਜੀਵ-ਮਿਤ੍ਰ! ਮਾਂ ਦੇ ਪੇਟ ਵਿਚ ਤੂੰ ਪੁੱਠਾ ਲਟਕ ਕੇ ਤਪ ਕਰਦਾ ਰਿਹਾ, ਖਸਮ-ਪ੍ਰਭੂ ਅੱਗੇ ਅਰਦਾਸਾਂ ਕਰਦਾ ਰਿਹਾ।
3030	74	ਖਸਮ ਸੇਤੀ ਅਰਦਾਸਿ ਵਖਾਣੈ ਉਰਧ ਧਿਆਨਿ ਲਿਵ ਲਾਗਾ॥		Khasam Saethee Aradhaas Vakhaanai Ouradhh Dhhiaan Liv Laagaa ||	You uttered prayers to your Lord and Master, while upside-down, and you meditated on Him with deep love and affection.	(ਮਾਂ ਦੇ ਪੇਟ ਵਿਚ ਜੀਵ) ਪੁੱਠਾ (ਲਟਕਿਆ ਹੋਇਆ) ਖਸਮ-ਪ੍ਰਭੂ ਅੱਗੇ ਅਰਦਾਸ ਕਰਦਾ ਹੈ, (ਪ੍ਰਭੂ ਦੇ) ਧਿਆਨ ਵਿਚ (ਜੁੜਦਾ ਹੈ), (ਪ੍ਰਭੂ-ਚਰਨਾਂ ਵਿਚ) ਸੁਰਤ ਜੋੜਦਾ ਹੈ।

3031	74	ਨਾ ਮਰਜਾਦੁ ਆਇਆ ਕਲਿ ਭੀਤਰਿ ਬਾਹੁੜਿ ਜਾਸੀ ਨਾਗਾ॥	(ਨਾ) ਰਹਿਤ, (ਮਰਜਾਦੁ) ਮਰਯਾਦਾ ਭਾਵ ਨੰਗਾ। ਨਾਂਗਾ	Naa Marajaadh Aaeiaa Kal Bheethar Baahurr Jaasee Naagaa ||	You came into this Dark Age of Kali Yuga naked, and you shall depart again naked.	ਜਗਤ ਵਿਚ ਨੰਗਾ ਆਉਂਦਾ ਹੈ, ਮੁੜ (ਇਥੋਂ) ਨੰਗਾ (ਹੀ) ਚਲਾ ਜਾਇਗਾ।
3032	74	ਜੈਸੀ ਕਲਮ ਵੁੜੀ ਹੈ ਮਸਤਕਿ ਤੈਸੀ ਜੀਅੜੇ ਪਾਸਿ॥		Jaisee Kalam Vurree Hai Masathak Thaisee Jeearrae Paas ||	As God's Pen has written on your forehead, so it shall be with your soul.	ਜੀਵ ਦੇ ਮੱਥੇ ਉੱਤੇ (ਪਰਮਾਤਮਾ ਦੇ ਹੁਕਮ ਅਨੁਸਾਰ) ਜਿਹੋ ਜਿਹੀ (ਕੀਤੇ ਕਰਮਾਂ ਦੇ ਸੰਸਕਾਰਾਂ ਦੀ) ਕਲਮ ਚੱਲਦੀ ਹੈ (ਜਗਤ ਵਿਚ ਆਉਣ ਵੇਲੇ) ਜੀਵ ਦੇ ਪਾਸ ਉਹੋ ਜਿਹੀ ਹੀ (ਆਤਮਕ ਜੀਵਨ ਦੀ ਰਾਸ ਪੂੰਜੀ) ਹੁੰਦੀ ਹੈ।
3033	74	ਕਹੁ ਨਾਨਕ ਪ੍ਰਾਣੀ ਪਹਿਲੈ ਪਹਰੈ ਹੁਕਮਿ ਪਇਆ ਗਰਭਾਸਿ॥੧॥		Kahu Naanak Praanee Pehilai Peharai Hukam Paeiaa Garabhaas ||1||	Says Nanak, in the first watch of the night, by the Hukam of the Lord's Command, you enter into the womb. ||1||	ਨਾਨਕ ਆਖਦਾ ਹੈ- ਜੀਵ ਨੇ ਪਰਮਾਤਮਾ ਦੇ ਹੁਕਮ ਅਨੁਸਾਰ (ਜ਼ਿੰਦਗੀ ਦੀ ਰਾਤ ਦੇ) ਪਹਿਲੇ ਪਹਰ ਮਾਂ ਦੇ ਪੇਟ ਵਿਚ ਆ ਨਿਵਾਸ ਲਿਆ ॥੧॥

3034	75	ਦੂਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਵਿਸਰਿ ਗਇਆ ਧਿਆਨੁ॥	ਗ-ਇਆ	Dhoojai Peharai Rain Kai Vanajaariaa Mithraa Visar Gaeiaa Dhhiaan ||	In the second watch of the night, O my merchant friend, you have forgotten to meditate.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ ਮਿਤ੍ਰ! (ਜ਼ਿੰਦਗੀ ਦੀ) ਰਾਤ ਦੇ ਦੂਜੇ ਪਹਰ ਵਿਚ (ਸੰਸਾਰ ਵਿਚ ਜਨਮ ਲੈ ਕੇ ਜੀਵਨ ਨੂੰ ਪਰਮਾਤਮਾ ਦੇ ਚਰਨਾਂ ਵਿਚ ਉਹ) ਧਿਆਨ ਭੁੱਲ ਜਾਂਦਾ ਹੈ (ਜੋ ਉਸ ਨੂੰ ਮਾਂ ਦੇ ਪੇਟ ਵਿਚ ਰਹਿਣ ਸਮੇ ਹੁੰਦਾ ਹੈ)।
3035	75	ਹਥੋ ਹਥਿ ਨਚਾਈਐ ਵਣਜਾਰਿਆ ਮਿਤ੍ਰਾ ਜਿਉ ਜਸੁਦਾ ਘਰਿ ਕਾਨ੍॥	ਹੱਥੋ। ਹੱਥਿ। ਜਸੁਦਾ: ਪੋਲਾ ਬੋਲੋ	Hathho Hathh Nachaaeeai Vanajaariaa Mithraa Jio Jasudhaa Ghar Kaan ||	From hand to hand, you are passed around, O my merchant friend, like Krishna in the house of Yashoda.	ਹੇ ਵਣਜਾਰੇ ਮਿਤ੍ਰ! (ਜਨਮ ਲੈ ਕੇ ਜੀਵ ਘਰ ਦੇ) ਹਰੇਕ ਜੀਵ ਦੇ ਹੱਥ ਉੱਤੇ (ਇਉਂ) ਨਚਾਈਦਾ ਹੈ ਜਿਵੇਂ ਜਸੋਧਾ ਦੇ ਘਰ ਵਿਚ ਸ੍ਰੀ ਕ੍ਰਿਸ਼ਨ ਜੀ ਨੂੰ।
3036	75	ਹਥੋ ਹਥਿ ਨਚਾਈਐ ਪ੍ਰਾਣੀ ਮਾਤ ਕਹੈ ਸੁਤੁ ਮੇਰਾ॥		Hathho Hathh Nachaaeeai Praanee Maath Kehai Suth Maeraa ||	From hand to hand, you are passed around, and your mother says, ""This is my son.""	(ਨਵਾਂ ਜਨਮਿਆ) ਜੀਵ ਹਰੇਕ ਦੇ ਹੱਥ ਵਿਚ ਨਚਾਈਦਾ ਹੈ (ਖਿਡਾਈਦਾ ਹੈ), ਮਾਂ ਆਖਦੀ ਹੈ ਕਿ ਇਹ ਮੇਰਾ ਪੁੱਤਰ ਹੈ।
3037	75	ਚੇਤਿ ਅਚੇਤ ਮੂੜ ਮਨ ਮੇਰੇ ਅੰਤਿ ਨਹੀ ਕਛੁ ਤੇਰਾ॥		Chaeth Achaeth Moorr Man Maerae Anth Nehee Kashh Thaeraa ||	O, my thoughtless and foolish mind, think: In the end, nothing shall be yours.	ਪਰ, ਹੇ ਮੇਰੇ ਗ਼ਾਫ਼ਿਲ ਮੂਰਖ ਮਨ! ਚੇਤੇ ਰੱਖ, ਅਖ਼ੀਰ ਵੇਲੇ ਕੋਈ ਭੀ ਸ਼ੈ ਤੇਰੀ ਨਹੀਂ ਬਣੀ ਰਹੇਗੀ।

3038	75	ਜਿਨਿ ਰਚਿ ਰਚਿਆ ਤਿਸਹਿ ਨ ਜਾਣੈ ਮਨ ਭੀਤਰਿ ਧਰਿ ਗਿਆਨੁ॥		Jin Rach Rachiaa Thisehi N Jaanai Man Bheethar Dhhar Giaan ||	You do not know the One who created the creation. Gather spiritual wisdom within your mind.	ਜੀਵ ਆਪਣੇ ਮਨ ਵਿਚ ਉਸ ਪ੍ਰਭੂ ਨਾਲ ਡੂੰਘੀ ਸਾਂਝ ਪਾ ਕੇ ਉਸ ਨੂੰ ਚੇਤੇ ਨਹੀਂ ਕਰਦਾ, ਜਿਸਨੇ ਇਸ ਦੀ ਬਣਤਰ ਬਣਾ ਕੇ ਇਸ ਨੂੰ ਪੈਦਾ ਕੀਤਾ ਹੈ।
3039	75	ਕਹੁ ਨਾਨਕ ਪ੍ਰਾਣੀ ਦੂਜੈ ਪਹਰੈ ਵਿਸਰਿ ਗਇਆ ਧਿਆਨੁ॥੨॥	ਗ-ਇਆ	Kahu Naanak Praanee Dhoojai Peharai Visar Gaeiaa Dhhiaan ||2||	Says Nanak, in the second watch of the night, you have forgotten to meditate. ||2||	ਨਾਨਕ ਆਖਦਾ ਹੈ- (ਜ਼ਿੰਦਗੀ ਦੀ) ਰਾਤ ਦੇ ਦੂਜੇ ਪਹਰ ਵਿਚ (ਸੰਸਾਰ ਵਿਚ ਜਨਮ ਲੈ ਕੇ) ਜੀਵ ਨੂੰ ਪ੍ਰਭੂ ਚਰਨਾਂ ਦਾ ਧਿਆਨ ਭੁੱਲ ਜਾਂਦਾ ਹੈ ॥੨॥
3040	75	ਤੀਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਧਨ ਜੋਬਨ ਸਿਉ ਚਿਤੁ॥		Theejai Peharai Rain Kai Vanajaariaa Mithraa Dhhan Joban Sio Chith ||	In the third watch of the night, O my merchant friend, your consciousness is focused on wealth and youth.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ ਮਿਤ੍ਰ! (ਜ਼ਿੰਦਗੀ ਦੀ) ਰਾਤ ਦੇ ਤੀਜੇ ਪਹਰ ਵਿਚ ਤੇਰਾ ਮਨ ਧਨ ਨਾਲ ਤੇ ਜਵਾਨੀ ਨਾਲ ਪਰਚ ਗਿਆ ਹੈ।
3041	75	ਹਰਿ ਕਾ ਨਾਮੁ ਨ ਚੇਤਹੀ ਵਣਜਾਰਿਆ ਮਿਤ੍ਰਾ ਬਧਾ ਛੁਟਹਿ ਜਿਤੁ॥		Har Kaa Naam N Chaethehee Vanajaariaa Mithraa Badhhaa Shhuttehi Jith ||	You have not remembered the Name of the Lord, O my merchant friend, although it would release you from bondage.	ਵਣਜਾਰੇ ਮਿਤ੍ਰ! ਤੂੰ ਪਰਮਾਤਮਾ ਦਾ ਨਾਮ ਚੇਤੇ ਨਹੀਂ ਕਰਦਾ, ਜਿਸ ਦੀ ਬਰਕਤਿ ਨਾਲ ਤੂੰ (ਧਨ ਜੋਬਨ ਦੇ ਮੋਹ ਦੇ) ਬੰਧਨਾਂ ਵਿਚੋਂ ਖ਼ਲਾਸੀ ਪਾ ਸਕੇਂ।

3042	75	ਹਰਿ ਕਾ ਨਾਮੁ ਨ ਚੇਤੈ ਪ੍ਰਾਣੀ ਬਿਕਲੁ ਭਇਆ ਸੰਗਿ ਮਾਇਆ॥	ਬਿਕਲੁ: ਪੋਲਾ ਬੋਲੋ	Har Kaa Naam N Chaethai Praanee Bikal Bhaeiaa Sang Maaeiaa ||	You do not remember the Name of the Lord, and you become confused by Maya.	ਜੀਵ ਮਾਇਆ (ਦੇ ਮੋਹ) ਵਿਚ ਇਤਨਾ ਡੌਰ-ਭੌਰਾ ਹੋ ਜਾਂਦਾ ਹੈ ਕਿ ਇਹ ਪਰਮਾਤਮਾ ਦਾ ਨਾਮ ਚੇਤੇ ਨਹੀਂ ਕਰਦਾ,
3043	75	ਧਨ ਸਿਉ ਰਤਾ ਜੋਬਨਿ ਮਤਾ ਅਹਿਲਾ ਜਨਮੁ ਗਵਾਇਆ॥	ਰੱਤਾ। ਮੱਤਾ।	Dhhan Sio Rathaa Joban Mathaa Ahilaa Janam Gavaaeiaa ||	Revelling in your riches and intoxicated with youth, you waste your life uselessly.	ਧਨ ਦੇ ਰੰਗ ਵਿਚ ਰੰਗਿਆ ਜਾਂਦਾ ਹੈ, ਜਵਾਨੀ (ਦੇ ਨਸ਼ੇ) ਵਿਚ ਮਸਤਿਆ ਜਾਂਦਾ ਹੈ, (ਤੇ ਇਸ ਤਰ੍ਹਾਂ) ਸ੍ਰੇਸ਼ਟ ਮਨੁੱਖਾ ਜਨਮ ਗਵਾ ਲੈਂਦਾ ਹੈ।
3044	75	ਧਰਮ ਸੇਤੀ ਵਾਪਾਰੁ ਨ ਕੀਤੋ ਕਰਮੁ ਨ ਕੀਤੋ ਮਿਤੁ॥		Dhharam Saethee Vaapaar N Keetho Karam N Keetho Mith ||	You have not traded in righteousness and Dharma; you have not made good deeds your friends.	ਨਾਹ ਇਸ ਨੇ ਧਰਮ (ਭਾਵ, ਹਰਿ ਨਾਮ ਸਿਮਰਨ) ਦਾ ਵਾਪਾਰ ਕੀਤਾ, ਤੇ ਨਾਹ ਹੀ ਇਸ ਨੇ ਉੱਚੇ ਆਤਮਕ ਜੀਵਨ ਨੂੰ ਆਪਣਾ ਮਿੱਤਰ ਬਣਾਇਆ।
3045	75	ਕਹੁ ਨਾਨਕ ਤੀਜੈ ਪਹਰੈ ਪ੍ਰਾਣੀ ਧਨ ਜੋਬਨ ਸਿਉ ਚਿਤੁ॥੩॥		Kahu Naanak Theejai Peharai Praanee Dhhan Joban Sio Chith ||3||	Says Nanak, in the third watch of the night, your mind is attached to wealth and youth. ||3||	ਨਾਨਕ ਆਖਦਾ ਹੈ- (ਜ਼ਿੰਦਗੀ ਦੀ ਰਾਤ ਦੇ) ਤੀਜੇ ਪਹਰ ਵਿਚ ਜੀਵ ਨੇ ਧਨ ਨਾਲ ਤੇ ਜਵਾਨੀ ਨਾਲ ਹੀ ਚਿੱਤ ਜੋੜੀ ਰੱਖਿਆ ॥੩॥

3046	75	ਚਉਥੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਲਾਵੀ ਆਇਆ ਖੇਤੁ॥		Chouthhai Peharai Rain Kai Vanajaariaa Mithraa Laavee Aaeiaa Khaeth ||	In the fourth watch of the night, O my merchant friend, the Grim Reaper comes to the field.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ-ਮਿਤ੍ਰ! (ਜ਼ਿੰਦਗੀ ਦੀ) ਰਾਤ ਦੇ ਚੌਥੇ ਪਹਰ (ਭਾਵ, ਬੁਢੇਪਾ ਆ ਜਾਣ ਤੇ) (ਸਰੀਰ-) ਖੇਤ ਨੂੰ ਵੱਢਣ ਵਾਲਾ (ਜਮ) ਆ ਪਹੁੰਚਿਆ।
3047	75	ਜਾ ਜਮਿ ਪਕੜਿ ਚਲਾਇਆ ਵਣਜਾਰਿਆ ਮਿਤ੍ਰਾ ਕਿਸੈ ਨ ਮਿਲਿਆ ਭੇਤੁ॥		Jaa Jam Pakarr Chalaaeiaa Vanajaariaa Mithraa Kisai N Miliaa Bhaeth ||	When the Messenger of Death seizes and dispatches you, O my merchant friend, no one knows the mystery of where you have gone.	ਹੇ ਵਣਜਾਰੇ ਮਿਤ੍ਰ! ਜਦੋਂ ਜਮ ਨੇ (ਆ ਕੇ ਜੀਵਾਤਮਾ ਨੂੰ) ਫੜ ਕੇ ਅੱਗੇ ਲਾ ਲਿਆ ਤਾਂ ਕਿਸੇ (ਸਬੰਧੀ) ਨੂੰ ਸਮਝ ਨਾਹ ਪਈ ਕਿ ਇਹ ਕੀਹ ਹੋਇਆ।
3048	75	ਭੇਤੁ ਚੇਤੁ ਹਰਿ ਕਿਸੈ ਨ ਮਿਲਿਓ ਜਾ ਜਮਿ ਪਕੜਿ ਚਲਾਇਆ॥		Bhaeth Chaeth Har Kisai N Miliou Jaa Jam Pakarr Chalaaeiaa ||	So think of the Lord! No one knows this secret, of when the Messenger of Death will seize you and take you away.	ਪਰਮਾਤਮਾ ਦੇ ਇਸ ਹੁਕਮ ਤੇ ਭੇਤ ਦੀ ਕਿਸੇ ਨੂੰ ਸਮਝ ਨ ਪੈ ਸਕੀ, ਜਦੋਂ ਜਮ ਨੇ (ਜੀਵਾਤਮਾ ਨੂੰ) ਫੜ ਕੇ ਅੱਗੇ ਲਾ ਲਿਆ।
3049	75	ਝੂਠਾ ਰੁਦਨੁ ਹੋਆ ਦੁਆਲੈ ਖਿਨ ਮਹਿ ਭਇਆ ਪਰਾਇਆ॥		Jhoothaa Rudhan Hoaa Dhuoaalai Khin Mehi Bhaeiaa Paraaeiaa ||	All your weeping and wailing then is false. In an instant, you become a stranger.	ਤਾਂ (ਉਸ ਦੇ ਮਿਰਤਕ ਸਰੀਰ ਦੇ) ਦੁਆਲੇ ਵਿਅਰਥ ਰੋਣ-ਕੁਰਲਾਣ ਸ਼ੁਰੂ ਹੋ ਗਿਆ। (ਉਹ ਜਿਸ ਨੂੰ ਸਾਰੇ ਹੀ ਸੰਬੰਧੀ 'ਮੇਰਾ, ਮੇਰਾ' ਕਿਹਾ ਕਰਦੇ ਸਨ) ਇਕ ਖਿਨ ਵਿਚ ਹੀ ਓਪਰਾ ਹੋ ਗਿਆ।

3050	75	ਸਾਈ ਵਸਤੁ ਪਰਾਪਤਿ ਹੋਈ ਜਿਸੁ ਸਿਉ ਲਾਇਆ ਹੇਤੁ॥	(ਸਾਈ) ਉਹੋ	Saaee Vasath Paraapath Hoee Jis Sio Laaeiaa Haeth ||	You obtain exactly what you have longed for.	ਜਿਸ ਨਾਲ (ਸਾਰੀ ਉਮਰ) ਮੋਹ ਕੀਤੀ ਰੱਖਿਆ (ਤੇ ਉਸ ਦੇ ਅਨੁਸਾਰ ਜੋ ਜੋ ਕਰਮ ਕੀਤੇ, ਅੰਤ ਵੇਲੇ) ਉਹ ਕੀਤੀ ਕਮਾਈ ਸਾਹਮਣੇ ਆ ਗਈ (ਪ੍ਰਾਪਤ ਹੋ ਗਈ)।
3051	75	ਕਹੁ ਨਾਨਕ ਪ੍ਰਾਣੀ ਚਉਥੈ ਪਹਰੈ ਲਾਵੀ ਲੁਣਿਆ ਖੇਤੁ॥੪॥੧॥		Kahu Naanak Praanee Chouthhai Peharai Laavee Luniaa Khaeth ||4||1||	Says Nanak, in the fourth watch of the night, O mortal, the Grim Reaper has harvested your field. ||4||1||	ਨਾਨਕ ਆਖਦਾ ਹੈ- (ਜ਼ਿੰਦਗੀ ਦੀ ਰਾਤ ਦੇ) ਚੌਥੇ ਪਹਰ (ਭਾਵ, ਬੁਢੇਪਾ ਆ ਜਾਣ ਤੇ ਫ਼ਸਲ) ਵੱਢਣ ਵਾਲੇ (ਜਮਦੂਤ) ਨੇ (ਸਰੀਰ-) ਖੇਤ ਨੂੰ ਆ ਕੱਟਿਆ ॥੪॥੧॥
3052	75	ਸਿਰੀਰਾਗੁ ਮਹਲਾ ੧॥		Sireeraag Mehalaa 1 ||	Siree Raag, First Mehl:	
3053	75	ਪਹਿਲੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਬਾਲਕ ਬੁਧਿ ਅਚੇਤੁ॥		Pehilai Peharai Rain Kai Vanajaariaa Mithraa Baalak Budhh Achaeth ||	In the first watch of the night, O my merchant friend, your innocent mind has a child-like understanding.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ-ਮਿਤ੍ਰ! (ਜ਼ਿੰਦਗੀ ਦੀ) ਰਾਤ ਦੇ ਪਹਿਲੇ ਪਹਰ ਵਿਚ (ਜੀਵ) ਬਾਲਕਾਂ ਦੀ ਅਕਲ ਵਾਲਾ (ਅੰਞਾਣ) ਹੁੰਦਾ ਹੈ। (ਨਾਮ ਸਿਮਰਨ ਵਲੋਂ) ਬੇ-ਪਰਵਾਹ ਰਹਿੰਦਾ ਹੈ।

3054	75	ਖੀਰੁ ਪੀਐ ਖੇਲਾਈਐ ਵਣਜਾਰਿਆ ਮਿਤ੍ਰਾ ਮਾਤ ਪਿਤਾ ਸੁਤ ਹੇਤੁ॥		Kheer Peeai Khaelaaeeai Vanajaariaa Mithraa Maath Pithaa Suth Haeth ||	You drink milk, and you are fondled so gently, O my merchant friend.	ਹੇ ਵਣਜਾਰੇ ਮਿਤ੍ਰ! (ਬਾਲ ਉਮਰੇ ਜੀਵ ਮਾਂ ਦਾ) ਦੁੱਧ ਪੀਂਦਾ ਹੈ ਤੇ ਖੇਡਾਂ ਵਿਚ ਹੀ ਪਰਚਾਈਦਾ ਹੈ, (ਉਸ ਉਮਰੇ) ਮਾਪਿਆਂ ਦਾ (ਆਪਣੇ) ਪੁੱਤਰ ਨਾਲ (ਬੜਾ) ਪਿਆਰ ਹੁੰਦਾ ਹੈ।
3055	75	ਮਾਤ ਪਿਤਾ ਸੁਤ ਨੇਹੁ ਘਨੇਰਾ ਮਾਇਆ ਮੋਹੁ ਸਬਾਈ॥		Maath Pithaa Suth Naehu Ghanaeraa Maaeiaa Mohu Sabaaee ||	The mother and father love their child so much, but in Maya, all are caught in emotional attachment.	ਮਾਂ ਪਿਉ ਦਾ ਪੁੱਤਰ ਨਾਲ ਬਹੁਤ ਪਿਆਰ ਹੁੰਦਾ ਹੈ। ਮਾਇਆ ਦਾ (ਇਹ) ਮੋਹ ਸਾਰੀ ਸ੍ਰਿਸ਼ਟੀ ਨੂੰ (ਹੀ ਵਿਆਪ ਰਿਹਾ ਹੈ)।
3056	75	ਸੰਜੋਗੀ ਆਇਆ ਕਿਰਤੁ ਕਮਾਇਆ ਕਰਣੀ ਕਾਰ ਕਰਾਈ॥		Sanjogee Aaeiaa Kirath Kamaaeiaa Karanee Kaar Karaaee ||	By the good fortune of good deeds done in the past, you have come, and now you perform actions to determine your future.	(ਜੀਵ ਨੇ ਪਿਛਲੇ ਜਨਮਾਂ ਵਿਚ) ਕਰਮਾਂ ਦਾ ਜੋ ਸੰਗ੍ਰਹ ਕਮਾਇਆ, ਉਹਨਾਂ ਦੇ ਸੰਜੋਗ ਅਨੁਸਾਰ (ਜਗਤ ਵਿਚ) ਜਨਮਿਆ, (ਤੇ ਇਥੇ ਆ ਕੇ ਮੁੜ ਉਹਨਾਂ ਅਨੁਸਾਰ) ਕਰਣੀ ਕਰਦਾ ਹੈ ਕਾਰ ਕਮਾਂਦਾ ਹੈ।
3057	75	ਰਾਮ ਨਾਮ ਬਿਨੁ ਮੁਕਤਿ ਨ ਹੋਈ ਬੂਡੀ ਦੂਜੈ ਹੇਤਿ॥		Raam Naam Bin Mukath N Hoee Booddee Dhoojai Haeth ||	Without the Lord's Name, liberation is not obtained, and you are drowned in the love of duality.	ਦੁਨੀਆ ਮਾਇਆ ਦੇ ਮੋਹ ਵਿਚ ਡੁੱਬ ਰਹੀ ਹੈ, ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ (ਇਸ ਮੋਹ ਵਿਚੋਂ) ਖ਼ਲਾਸੀ ਨਹੀਂ ਹੋ ਸਕਦੀ।

3058	75	ਕਹੁ ਨਾਨਕ ਪ੍ਰਾਣੀ ਪਹਿਲੈ ਪਹਰੈ ਛੂਟਹਿਗਾ ਹਰਿ ਚੇਤਿ॥੧॥		Kahu Naanak Praanee Pehilai Peharai Shhoottehigaa Har Chaeth ||1||	Says Nanak, in the first watch of the night, O mortal, you shall be saved by remembering the Lord. ||1||	ਨਾਨਕ ਆਖਦਾ ਹੈ- ਹੇ ਜੀਵ! (ਜ਼ਿੰਦਗੀ ਦੀ ਰਾਤ ਦੇ) ਪਹਿਲੇ ਪਹਰ ਵਿਚ (ਤੂੰ ਬੇ-ਪਰਵਾਹ ਹੈਂ), ਪਰਮਾਤਮਾ ਦਾ ਸਿਮਰਨ ਕਰ (ਸਿਮਰਨ ਦੀ ਸਹਾਇਤਾ ਨਾਲ ਹੀ ਤੂੰ ਮਾਇਆ ਦੇ ਮੋਹ ਤੋਂ) ਬਚੇਂਗਾ ॥੧॥
3059	75	ਦੂਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਭਰਿ ਜੋਬਨਿ ਮੈ ਮਤਿ॥	ਮੈ: ਬਿੰਦੀ ਨਹੀਂ ਲਾਉਣੀ। ਮੱਤਿ	Dhoojai Peharai Rain Kai Vanajaariaa Mithraa Bhar Joban Mai Math ||	In the second watch of the night, O my merchant friend, you are intoxicated with the wine of youth and beauty.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ-ਮਿਤ੍ਰ! (ਜ਼ਿੰਦਗੀ ਦੀ) ਰਾਤ ਦੇ ਦੂਜੇ ਪਹਰ ਵਿਚ ਭਰ-ਜਵਾਨੀ ਦੇ ਕਾਰਨ ਜੀਵ ਦੀ ਮਤਿ (-ਅਕਲ ਇਉਂ ਹੋ ਜਾਂਦੀ ਹੈ ਜਿਵੇਂ) ਸ਼ਰਾਬ (ਵਿਚ ਗੁੱਟ ਹੈ)।
3060	75	ਅਹਿ ਨਿਸਿ ਕਾਮਿ ਵਿਆਪਿਆ ਵਣਜਾਰਿਆ ਮਿਤ੍ਰਾ ਅੰਧੁਲੇ ਨਾਮੁ ਨ ਚਿਤਿ॥		Ahinis Kaam Viaapiaa Vanajaariaa Mithraa Andhhulae Naam N Chith ||	Day and night, you are engrossed in sexual desire, O my merchant friend, and your consciousness is blind to the Naam.	ਹੇ ਵਣਜਾਰੇ ਮਿਤ੍ਰ! (ਜੀਵ) ਦਿਨ ਰਾਤ ਕਾਮ-ਵਾਸਨਾ ਵਿਚ ਦਬਿਆ ਰਹਿੰਦਾ ਹੈ, (ਕਾਮ ਵਿਚ) ਅੰਨ੍ਹੇ ਹੋਏ ਨੂੰ ਪਰਮਾਤਮਾ ਦਾ ਨਾਮ ਚਿੱਤ ਵਿਚ (ਟਿਕਾਣ ਦੀ ਸੁਰਤਿ) ਨਹੀਂ (ਹੁੰਦੀ)।

3061	75	ਰਾਮ ਨਾਮੁ ਘਟ ਅੰਤਰਿ ਨਾਹੀ ਹੋਰਿ ਜਾਣੈ ਰਸ ਕਸ ਮੀਠੇ॥		Raam Naam Ghatt Anthar Naahee Hor Jaanai Ras Kas Meethae ||	The Lord's Name is not within your heart, but all sorts of other tastes seem sweet to you.	ਪਰਮਾਤਮਾ ਦਾ ਨਾਮ ਤਾਂ ਜੀਵ ਦੇ ਹਿਰਦੇ ਵਿਚ ਨਹੀਂ ਵੱਸਦਾ, (ਨਾਮ ਤੋਂ ਬਿਨਾ) ਹੋਰ ਮਿੱਠੇ ਕਸੈਲੇ ਅਨੇਕਾਂ ਰਸਾਂ ਦੇ ਸੁਆਦ ਪਛਾਣਦਾ ਹੈ।
3062	75	ਗਿਆਨੁ ਧਿਆਨੁ ਗੁਣ ਸੰਜਮੁ ਨਾਹੀ ਜਨਮਿ ਮਰਹੁਗੇ ਝੂਠੇ॥		Giaan Dhhiaan Gun Sanjam Naahee Janam Marahugae Jhoothae ||	You have no wisdom at all, no meditation, no virtue or self-discipline; in falsehood, you are caught in the cycle of birth and death.	ਹੇ ਝੂਠੇ (ਮੋਹ ਵਿਚ ਫਸੇ ਜੀਵ)! ਤੂੰ ਪਰਮਾਤਮਾ ਨਾਲ ਜਾਣ-ਪਛਾਣ ਨਹੀਂ ਪਾਈ, ਪ੍ਰਭੂ-ਚਰਨਾਂ ਵਿਚ ਤੇਰੀ ਸੁਰਤ ਨਹੀਂ, ਪਰਮਾਤਮਾ ਦੇ ਗੁਣ ਯਾਦ ਨਹੀਂ ਕੀਤੇ, ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਰੋਕਣ ਦਾ ਤੂੰ ਉੱਦਮ ਨਹੀਂ ਕੀਤਾ (ਇਸ ਦਾ ਨਤੀਜਾ ਇਹ ਹੋਵੇਗਾ ਕਿ) ਤੂੰ ਜਨਮ ਮਰਨ ਦੇ ਗੇੜ ਵਿਚ ਪੈ ਜਾਇਗਾ।
3063	75	ਤੀਰਥ ਵਰਤ ਸੁਚਿ ਸੰਜਮੁ ਨਾਹੀ ਕਰਮੁ ਧਰਮੁ ਨਹੀ ਪੂਜਾ॥	ਪੂਜਾ: ਪੋਲਾ ਬੋਲੋ	Theerathh Varath Such Sanjam Naahee Karam Dhharam Nehee Poojaa ||	Pilgrimages, fasts, purification and self-discipline are of no use, nor are rituals, religious ceremonies or empty worship.	(ਉੱਚਾ ਆਤਮਕ ਜੀਵਨ ਬਣਾਣ ਵਾਲੇ ਸੇਵਾ-ਸਿਮਰਨ ਦੇ ਕੰਮ ਕਰਨੇ ਤਾਂ ਦੂਰ ਰਹੇ, ਕਾਮ ਵਿੱਚ ਮੱਤਾ ਹੋਇਆ ਜੀਵ) ਤੀਰਥ ਵਰਤ, ਸੁਚਿ, ਸੰਜਮ, ਪੂਜਾ ਆਦਿਕ ਕਰਮ ਕਾਂਡ ਦੇ ਧਰਮ ਭੀ ਨਹੀਂ ਕਰਦਾ।

3064	75	ਨਾਨਕ ਭਾਇ ਭਗਤਿ ਨਿਸਤਾਰਾ ਦੁਬਿਧਾ ਵਿਆਪੈ ਦੂਜਾ॥੨॥	ਦੁਬਿ-ਧਾ: ਪੋਲਾ ਬੋਲੋ	Naanak Bhaae Bhagath Nisathaaraa Dhubidhhaa Viaapai Dhoojaa ||2||	O Nanak, emancipation comes only by loving devotional worship; through duality, people are engrossed in duality. ||2||	(ਉਂਞ) ਹੇ ਨਾਨਕ! ਪਰਮਾਤਮਾ ਦੇ ਪ੍ਰੇਮ ਦੀ ਰਾਹੀਂ ਹੀ ਪ੍ਰਭੂ ਦੀ ਭਗਤੀ ਦੀ ਰਾਹੀਂ ਹੀ (ਇਸ ਕਾਮ-ਵਾਸ਼ਨਾ ਤੋਂ) ਬਚਾ ਹੋ ਸਕਦਾ ਹੈ, (ਭਗਤੀ-ਸਿਮਰਨ ਵਲੋਂ) ਦੁਚਿੱਤਾ-ਪਨ ਰੱਖਿਆਂ (ਕਾਮਾਦਿਕ ਦੀ ਸ਼ਕਲ ਵਿਚ) ਮਾਇਆ ਦਾ ਮੋਹ ਹੀ ਜ਼ੋਰ ਪਾਂਦਾ ਹੈ ॥੨॥
3065	75	ਤੀਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਸਰਿ ਹੰਸ ਉਲਥੜੇ ਆਇ॥	(ਸਰਿ) ਸਿਰ। (ਹੰਸ) ਚਿੱਟੇ ਕੇਸ। (ਉ-ਲੱਥੜੇ) ਵਿਸ਼ੇਸ਼ ਕਰਕੇ ਆ ਉੱਤਰੇ	Theejai Peharai Rain Kai Vanajaariaa Mithraa Sar Hans Oulathharrae Aae ||	In the third watch of the night, O my merchant friend, the swans, the white hairs, come and land upon the pool of the head.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ-ਮਿਤ੍ਰ! (ਜ਼ਿੰਦਗੀ ਦੀ ਰਾਤ ਦੇ ਤੀਜੇ ਪਹਰ ਸਰ ਉੱਤੇ ਹੰਸ ਆ ਉੱਤਰਦੇ ਹਨ (ਸਿਰ ਉੱਤੇ ਧੌਲੇ ਆ ਜਾਂਦੇ ਹਨ)।
3066	75	ਜੋਬਨੁ ਘਟੈ ਜਰੂਆ ਜਿਣੈ ਵਣਜਾਰਿਆ ਮਿਤ੍ਰਾ ਆਵ ਘਟੈ ਦਿਨੁ ਜਾਇ॥		Joban Ghattai Jarooaa Jinai Vanajaariaa Mithraa Aav Ghattai Dhin Jaae ||	Youth wears itself out, and old age triumphs, O my merchant friend; as time passes, your days diminish.	ਹੇ ਵਣਜਾਰੇ ਮਿਤ੍ਰ! (ਜਿਉਂ ਜਿਉਂ) ਜਵਾਨੀ ਘਟਦੀ ਹੈ ਬੁਢੇਪਾ (ਸਰੀਰਕ ਤਾਕਤ ਨੂੰ) ਜਿੱਤਦਾ ਜਾਂਦਾ ਹੈ (ਉਮਰ ਦਾ) ਇਕ ਇਕ ਦਿਨ ਲੰਘਦਾ ਹੈ ਉਮਰ ਘਟਦੀ ਜਾਂਦੀ ਹੈ।
3067	76	ਅੰਤਿ ਕਾਲਿ ਪਛੁਤਾਸੀ ਅੰਧੁਲੇ ਜਾ ਜਮਿ ਪਕੜਿ ਚਲਾਇਆ॥		Anth Kaal Pashhuthaasee Andhhulae Jaa Jam Pakarr Chalaaeiaa ||	At the last moment, you repent-you are so blind!-when the Messenger of Death seizes you and carries you away.	ਹੇ ਮਾਇਆ ਦੇ ਮੋਹ ਵਿੱਚ ਅੰਨ੍ਹੇ ਹੋਏ ਜੀਵ! ਜਦੋਂ ਜਮ ਨੇ ਫੜ ਕੇ ਤੈਨੂੰ ਅੱਗੇ ਲਾ ਲਿਆ, ਤਦੋਂ ਅਖ਼ੀਰਲੇ ਵੇਲੇ ਤੂੰ ਪਛੁਤਾਏਂਗਾ।

3068	76	ਸਭੁ ਕਿਛੁ ਅਪੁਨਾ ਕਰਿ ਕਰਿ ਰਾਖਿਆ ਖਿਨ ਮਹਿ ਭਇਆ ਪਰਾਇਆ॥		Sabh Kishh Apunaa Kar Kar Raakhiaa Khin Mehi Bhaeiaa Paraaeiaa ||	You kept all your things for yourself, but in an instant, they are all lost.	ਤੂੰ ਹਰੇਕ ਚੀਜ਼ ਆਪਣੀ ਬਣਾ ਬਣਾ ਕੇ ਸਾਂਭਦਾ ਗਿਆ, ਉਹ ਸਭ ਕੁਝ ਇਕ ਖਿਨ ਵਿੱਚ ਪਰਾਇਆ ਮਾਲ ਹੋ ਜਾਇਗਾ।
3069	76	ਬੁਧਿ ਵਿਸਰਜੀ ਗਈ ਸਿਆਣਪ ਕਰਿ ਅਵਗਣ ਪਛੁਤਾਇ॥	(ਵਿ-ਸਰਜੀ) ਚਲੀ ਗਈ	Budhh Visarajee Gee Siaanap Kar Avagan Pashhuthaae ||	Your intellect left you, your wisdom departed, and now you repent for the evil deeds you committed.	(ਮਾਇਆ ਦੇ ਮੋਹ ਵਿੱਚ ਫਸ ਕੇ ਜੀਵ ਦੀ) ਅਕਲ ਮਾਰੀ ਜਾਂਦੀ ਹੈ, ਸਿਆਣਪ ਗੁੰਮ ਹੋ ਜਾਂਦੀ ਹੈ, ਮੰਦੇ ਕੰਮ ਕਰ ਕਰ (ਆਖ਼ਰ ਅੰਤ ਵੇਲੇ) ਪਛੁਤਾਂਦਾ ਹੈ।
3070	76	ਕਹੁ ਨਾਨਕ ਪ੍ਰਾਣੀ ਤੀਜੈ ਪਹਰੈ ਪ੍ਰਭੁ ਚੇਤਹੁ ਲਿਵ ਲਾਇ॥੩॥		Kahu Naanak Praanee Theejai Peharai Prabh Chaethahu Liv Laae ||3||	Says Nanak, O mortal, in the third watch of the night, let your consciousness be lovingly focused on God. ||3||	ਨਾਨਕ ਆਖਦਾ ਹੈ- ਹੇ ਜੀਵ! (ਜ਼ਿੰਦਗੀ ਦੀ ਰਾਤ ਦੇ) ਤੀਜੇ ਪਹਰ (ਸਿਰ ਉੱਤੇ ਧੌਲੇ ਆ ਗਏ ਹਨ, ਤਾਂ ਪ੍ਰਭੂ-ਚਰਨਾਂ ਵਿਚ) ਸੁਰਤ ਜੋੜ ਕੇ ਸਿਮਰਨ ਕਰ ॥੩॥
3071	76	ਚਉਥੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਬਿਰਧਿ ਭਇਆ ਤਨੁ ਖੀਣੁ॥		Chouthhai Peharai Rain Kai Vanajaariaa Mithraa Biradhh Bhaeiaa Than Kheen ||	In the fourth watch of the night, O my merchant friend, your body grows old and weak.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ-ਮਿਤ੍ਰ! (ਜ਼ਿੰਦਗੀ ਦੀ) ਰਾਤ ਦੇ ਚੌਥੇ ਪਹਰ (ਜੀਵ) ਬੁੱਢਾ ਹੋ ਜਾਂਦਾ ਹੈ, (ਉਸ ਦਾ) ਸਰੀਰ ਕਮਜ਼ੋਰ ਹੋ ਜਾਂਦਾ ਹੈ।

3072	76	ਅਖੀ ਅੰਧੁ ਨ ਦੀਸਈ ਵਣਜਾਰਿਆ ਮਿਤ੍ਰਾ ਕੰਨੀ ਸੁਣੈ ਨ ਵੈਣ॥	ਅੱਖੀਂ। ਦੀ-ਸਈ।	Akhee Andhh N Dheesee Vanajaariaa Mithraa Kannee Sunai N Vain ||	Your eyes go blind, and cannot see, O my merchant friend, and your ears do not hear any words.	ਹੇ ਵਣਜਾਰੇ ਮਿਤ੍ਰ! ਅੱਖਾਂ ਅੱਗੇ ਹਨੇਰਾ ਆ ਜਾਂਦਾ ਹੈ, (ਅੱਖੀਂ ਠੀਕ) ਨਹੀਂ ਦਿੱਸਦਾ, ਕੰਨਾਂ ਨਾਲ ਬੋਲ (ਚੰਗੀ ਤਰ੍ਹਾਂ) ਨਹੀਂ ਸੁਣ ਸਕਦਾ।
3073	76	ਅਖੀ ਅੰਧੁ ਜੀਭ ਰਸੁ ਨਾਹੀ ਰਹੇ ਪਰਾਕਉ ਤਾਣਾ॥	(ਪਰਾ-ਕਉ) ਪਹਿਲਾ। (ਤਾਣਾ) ਬਲ, ਜੁਆਨੀ ਵਾਲਾ। (ਦੂਜਾ ਪਾਠ: ਪਰਾ ਕਉ)	Akhee Andhh Jeebh Ras Naahee Rehae Paraako Thaanaa ||	Your eyes go blind, and your tongue is unable to taste; you live only with the help of others.	ਅੱਖਾਂ ਤੋਂ ਅੰਨ੍ਹਾ ਹੋ ਜਾਂਦਾ ਹੈ, ਜੀਭ ਵਿਚ ਸੁਆਦ (ਦੀ ਤਾਕਤ) ਨਹੀਂ ਰਹਿੰਦੀ, ਉੱਦਮ ਤੇ ਤਾਕਤ ਰਹਿ ਜਾਂਦੇ ਸਨ।
3074	76	ਗੁਣ ਅੰਤਰਿ ਨਾਹੀ ਕਿਉ ਸੁਖੁ ਪਾਵੈ ਮਨਮੁਖ ਆਵਣ ਜਾਣਾ॥		Gun Anthar Naahee Kio Sukh Paavai Manamukh Aavan Jaanaa ||	With no virtue within, how can you find peace? The self-willed manmukh comes and goes in reincarnation.	ਆਪਣੇ ਹਿਰਦੇ ਵਿਚ ਕਦੇ ਪਰਮਾਤਮਾ ਦੇ ਗੁਣ ਨਹੀਂ ਵਸਾਏ, ਹੁਣ ਸੁਖ ਕਿਥੋਂ ਮਿਲੇ? ਮਨ ਦੇ ਮੁਰੀਦ ਨੂੰ ਜਨਮ ਮਰਨ ਦਾ ਗੇੜ ਪੈ ਜਾਂਦਾ ਹੈ।
3075	76	ਖਰੁ ਪਕੀ ਕੁੜਿ ਭਜੈ ਬਿਨਸੈ ਆਇ ਚਲੈ ਕਿਆ ਮਾਣੁ॥	(ਖਰੁ) ਖੇਤੀ। (ਕੁੜਿ) ਕੁੱਬੀ। ਪੱਕੀ। ਭੱਜੈ। ਚੱਲੈ।	Kharr Pakee Kurr Bhajai Binasai Aae Chalai Kiaa Maan ||	When the crop of life has matured, it bends, breaks and perishes; why take pride in that which comes and goes?	(ਜਿਵੇਂ) ਪੱਕੀ ਹੋਈ ਫ਼ਸਲ ਦਾ ਨਾੜ ਕੁੜਕ ਕੇ ਟੁੱਟ ਜਾਂਦਾ ਹੈ (ਤਿਵੇਂ ਬੁਢੇਪਾ ਆਉਣ ਤੇ ਸਰੀਰ) ਨਾਸ ਹੋ ਜਾਂਦਾ ਹੈ, (ਜੀਵ ਜਗਤ ਤੇ) ਆ ਕੇ (ਆਖ਼ਰ ਇੱਥੋਂ) ਤੁਰ ਪੈਂਦਾ ਹੈ (ਇਸ ਸਰੀਰ ਦਾ) ਮਾਣ ਕਰਨਾ ਵਿਅਰਥ ਹੈ।

3076	76	ਕਹੁ ਨਾਨਕ ਪ੍ਰਾਣੀ ਚਉਥੈ ਪਹਰੈ ਗੁਰਮੁਖਿ ਸਬਦੁ ਪਛਾਣੁ॥੪॥		Kahu Naanak Praanee Chouthhai Peharai Guramukh Sabadh Pashhaan ||4||	Says Nanak, O mortal, in the fourth watch of the night, the Gurmukh recognizes the Word of the Shabad. ||4||	ਨਾਨਕ ਆਖਦਾ ਹੈ- ਹੇ ਪ੍ਰਾਣੀ! (ਜ਼ਿੰਦਗੀ ਦੀ ਰਾਤ ਦੇ) ਚੌਥੇ ਪਹਰ (ਤੂੰ ਬੁੱਢਾ ਹੋ ਗਿਆ ਹੈਂ, ਹੁਣ) ਗੁਰੂ ਦੇ ਸ਼ਬਦ ਨੂੰ ਪਛਾਣ (ਗੁਰ-ਸ਼ਬਦ ਨਾਲ ਡੂੰਘੀ ਸਾਂਝ ਪਾ) ॥੪॥
3077	76	ਓੜਕੁ ਆਇਆ ਤਿਨ ਸਾਹਿਆ ਵਣਜਾਰਿਆ ਮਿਤ੍ਰਾ ਜਰੁ ਜਰਵਾਣਾ ਕੰਨ੍ਹਿ॥	(ਸਾਹਿਆ) ਸੁਆਸਾਂ। (ਜਰੁ) ਬੁਢੇਪਾ। (ਜਰਵਾਣਾ) ਬਲ ਵਾਲਾ। ਕੰਨ੍ਹਿ। ਮੋਢੇ	Ourrak Aaeiaa Thin Saahiaa Vanajaariaa Mithraa Jar Jaravaanaa Kann ||	Your breath comes to its end, O my merchant friend, and your shoulders are weighed down by the tyrant of old age.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ-ਮਿਤ੍ਰ! (ਜੀਵ ਨੂੰ ਉਮਰ ਦੇ ਜਿਤਨੇ ਸੁਆਸ ਮਿਲੇ ਸਨ, ਆਖ਼ਿਰ) ਉਹਨਾਂ ਸੁਆਸਾਂ ਦਾ ਅਖ਼ੀਰ ਆ ਗਿਆ, ਬਲੀ ਬੁਢੇਪਾ ਮੋਢੇ ਉੱਤੇ (ਨੱਚਣ ਲੱਗ ਪਿਆ)।
3078	76	ਇਕ ਰਤੀ ਗੁਣ ਨ ਸਮਾਣਿਆ ਵਣਜਾਰਿਆ ਮਿਤ੍ਰਾ ਅਵਗਣ ਖੜਸਨਿ ਬੰਨਿ॥	ਖਵਸਨਿ: ੜ ਹਲੰਤ ਨਹੀਂ ਲਾਉਣਾ। ਬੰਨ੍ਹਿ। (ਦੂਜਾ ਪਾਠ: ਖੜ ਸਨਿ)	Eik Rathee Gun N Samaaniaa Vanajaariaa Mithraa Avagan Kharrasan Bann ||	Not one iota of virtue came into you, O my merchant friend; bound and gagged by evil, you are driven along.	ਹੇ ਵਣਜਾਰੇ ਮਿਤ੍ਰ! ਜਿਸ ਦੇ ਹਿਰਦੇ ਵਿਚ ਰਤਾ ਭੀ ਗੁਣ ਨਾਹ ਟਿਕੇ, ਉਸ ਨੂੰ (ਉਸ ਦੇ ਆਪਣੇ ਹੀ ਕੀਤੇ ਹੋਏ) ਔਗੁਣ ਬੰਨ੍ਹ ਕੇ ਲੈ ਤੁਰਦੇ ਹਨ।
3079	76	ਗੁਣ ਸੰਜਮਿ ਜਾਵੈ ਚੋਟ ਨ ਖਾਵੈ ਨਾ ਤਿਸੁ ਜੰਮਣੁ ਮਰਣਾ॥		Gun Sanjam Jaavai Chott N Khaavai Naa This Janman Maranaa ||	One who departs with virtue and self-discipline is not struck down, and is not consigned to the cycle of birth and death.	ਜੇਹੜਾ ਜੀਵ (ਇੱਥੋਂ ਆਤਮਕ) ਗੁਣਾਂ ਦੇ ਸੰਜਮ (ਦੀ ਸਹਾਇਤਾ) ਨਾਲ ਜਾਂਦਾ ਹੈ, ਉਹ (ਜਮਰਾਜ ਦੀ) ਚੋਟ ਨਹੀਂ ਸਹਾਰਦਾ, ਉਸ ਨੂੰ ਜਨਮ ਮਰਨ ਦਾ ਗੇੜ ਨਹੀਂ ਵਿਆਪਦਾ।

3080	76	ਕਾਲੁ ਜਾਲੁ ਜਮੁ ਜੋਹਿ ਨ ਸਾਕੈ ਭਾਇ ਭਗਤਿ ਭੈ ਤਰਣਾ॥		Kaal Jaal Jam Johi N Saakai Bhaae Bhagath Bhai Tharanaa ||	The Messenger of Death and his trap cannot touch him; through loving devotional worship, he crosses over the ocean of fear.	ਜਮ ਦਾ ਜਾਲ ਮੌਤ ਦਾ ਡਰ ਉਸ ਵਲ ਤੱਕ ਭੀ ਨਹੀਂ ਸਕਦਾ। ਪਰਮਾਤਮਾ ਦੇ ਪ੍ਰੇਮ ਦੀ ਬਰਕਤਿ ਨਾਲ ਪਰਮਾਤਮਾ ਦੀ ਭਗਤੀ ਨਾਲ ਉਹ (ਸੰਸਾਰ-ਸਮੁੰਦਰ ਦੇ ਸਾਰੇ) ਡਰਾਂ ਤੋਂ ਪਾਰ ਲੰਘ ਜਾਂਦਾ ਹੈ।
3081	76	ਪਤਿ ਸੇਤੀ ਜਾਵੈ ਸਹਜਿ ਸਮਾਵੈ ਸਗਲੇ ਦੂਖ ਮਿਟਾਵੈ॥		Path Saethee Jaavai Sehaj Samaavai Sagalae Dhookh Mittaavai ||	He departs with honor, and merges in intuitive peace and poise; all his pains depart.	ਉਹ ਇਥੋਂ ਇੱਜ਼ਤ ਨਾਲ ਜਾਂਦਾ ਹੈ, ਸਦਾ ਅਡੋਲ ਅਵਸਥਾ ਵਿਚ ਟਿਕਿਆ ਰਹਿੰਦਾ ਹੈ, ਉਹ ਆਪਣੇ ਸਾਰੇ ਦੁੱਖ-ਕਲੇਸ਼ ਦੂਰ ਕਰ ਲੈਂਦਾ ਹੈ।
3082	76	ਕਹੁ ਨਾਨਕ ਪ੍ਰਾਣੀ ਗੁਰਮੁਖਿ ਛੂਟੈ ਸਾਚੇ ਤੇ ਪਤਿ ਪਾਵੈ॥੫॥੨॥		Kahu Naanak Praanee Guramukh Shhoottai Saachae Thae Path Paavai ||5||2||	Says Nanak, when the mortal becomes Gurmukh, he is saved and honored by the True Lord. ||5||2||	ਨਾਨਕ ਆਖਦਾ ਹੈ- ਜੇਹੜਾ ਜੀਵ ਗੁਰੂ ਦੀ ਸਰਨ ਪੈਂਦਾ ਹੈ ਉਹ (ਸੰਸਾਰ-ਸਮੁੰਦਰ ਦੇ ਸਾਰੇ ਡਰਾਂ ਤੋਂ) ਬਚ ਜਾਂਦਾ ਹੈ, ਉਹ ਸਦਾ-ਥਿਰ ਪ੍ਰਭੂ ਦੇ ਦਰ ਤੋਂ ਇੱਜ਼ਤ ਪ੍ਰਾਪਤ ਕਰਦਾ ਹੈ ॥੫॥੨॥
3083	76	ਸਿਰੀਰਾਗੁ ਮਹਲਾ ੪॥		Sireeraag Mehalaa 4 ||	Siree Raag, Fourth Mehl:	

3084	76	ਪਹਿਲੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਹਰਿ ਪਾਇਆ ਉਦਰ ਮੰਝਾਰਿ॥		Pehilai Peharai Rain Kai Vanajaariaa Mithraa Har Paaeiaa Oudhar Manjhaar ||	In the first watch of the night, O my merchant friend, the Lord places you in the womb.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ-ਮਿਤ੍ਰ! (ਜ਼ਿੰਦਗੀ ਦੀ) ਰਾਤ ਦੇ ਪਹਿਲੇ ਪਹਰ ਵਿਚ ਪਰਮਾਤਮਾ (ਜੀਵ ਨੂੰ) ਮਾਂ ਦੇ ਪੇਟ ਵਿਚ ਨਿਵਾਸ ਦੇਂਦਾ ਹੈ।
3085	76	ਹਰਿ ਧਿਆਵੈ ਹਰਿ ਉਚਰੈ ਵਣਜਾਰਿਆ ਮਿਤ੍ਰਾ ਹਰਿ ਹਰਿ ਨਾਮੁ ਸਮਾਰਿ॥		Har Dhhiaavai Har Oucharai Vanajaariaa Mithraa Har Har Naam Samaar ||	You meditate on the Lord, and chant the Lord's Name, O my merchant friend. You contemplate the Name of the Lord, Har, Har.	(ਮਾਂ ਦੇ ਪੇਟ ਵਿਚ ਜੀਵ), ਹੇ ਵਣਜਾਰੇ ਜੀਵ-ਮਿਤ੍ਰ! ਪਰਮਾਤਮਾ ਦਾ ਧਿਆਨ ਧਰਦਾ ਹੈ ਪਰਮਾਤਮਾ ਦਾ ਨਾਮ ਉਚਾਰਦਾ ਹੈ, ਤੇ ਪਰਮਾਤਮਾ ਦਾ ਨਾਮ ਹਿਰਦੇ ਵਿਚ ਵਸਾਈ ਰੱਖਦਾ ਹੈ।
3086	76	ਹਰਿ ਹਰਿ ਨਾਮੁ ਜਪੇ ਆਰਾਧੇ ਵਿਚਿ ਅਗਨੀ ਹਰਿ ਜਪਿ ਜੀਵਿਆ॥		Har Har Naam Japae Aaraadhhae Vich Aganee Har Jap Jeeviaa ||	Chanting the Name of the Lord, Har, Har, and meditating on it within the fire of the womb, your life is sustained by dwelling on the Naam.	(ਮਾਂ ਦੇ ਪੇਟ ਵਿਚ ਜੀਵ) ਪਰਮਾਤਮਾ ਦਾ ਨਾਮ ਜਪਦਾ ਹੈ ਆਰਾਧਦਾ ਹੈ, ਹਰਿ-ਨਾਮ ਜਪ ਕੇ ਅੱਗ ਵਿਚ ਜੀਉਂਦਾ ਰਹਿੰਦਾ ਹੈ।

3087	76	ਬਾਹਰਿ ਜਨਮੁ ਭਇਆ ਮੁਖਿ ਲਾਗਾ ਸਰਸੇ ਪਿਤਾ ਮਾਤ ਥੀਵਿਆ॥	ਬਾ-ਹਰਿ: ਹ ਮੁਕਤਾ, ਰਾਰੇ ਸਿਹਾਰੀ ਲਾ ਕੇ	Baahar Janam Bhaeiaa Mukh Laagaa Sarasae Pithaa Maath Thheeviaa ||	You are born and you come out, and your mother and father are delighted to see your face.	(ਮਾਂ ਦੇ ਪੇਟ ਤੋਂ) ਬਾਹਰ (ਆ ਕੇ) ਜਨਮ ਲੈਂਦਾ ਹੈ (ਮਾਂ ਪਿਉ ਦੇ) ਮੂੰਹ ਲੱਗਦਾ ਹੈ, ਮਾਂ ਪਿਉ ਖ਼ੁਸ਼ ਹੁੰਦੇ ਹਨ।
3088	76	ਜਿਸ ਕੀ ਵਸਤੁ ਤਿਸੁ ਚੇਤਹੁ ਪ੍ਰਾਣੀ ਕਰਿ ਹਿਰਦੈ ਗੁਰਮੁਖਿ ਬੀਚਾਰਿ॥		Jis Kee Vasath This Chaethahu Praanee Kar Hiradhai Guramukh Beechaar ||	Remember the One, O mortal, to whom the child belongs. As Gurmukh, reflect upon Him within your heart.	ਹੇ ਪ੍ਰਾਣੀਹੋ! ਜਿਸ ਪਰਮਾਤਮਾ ਦਾ ਭੇਜਿਆ ਹੋਇਆ ਇਹ ਬਾਲਕ ਜੰਮਿਆ ਹੈ, ਉਸ ਦਾ ਧਿਆਨ ਧਰੋ, ਗੁਰੂ ਦੀ ਰਾਹੀਂ ਆਪਣੇ ਹਿਰਦੇ ਵਿਚ (ਉਸ ਦੇ ਗੁਣਾਂ ਦਾ) ਵਿਚਾਰ ਕਰੋ।
3089	76	ਕਹੁ ਨਾਨਕ ਪ੍ਰਾਣੀ ਪਹਿਲੈ ਪਹਰੈ ਹਰਿ ਜਪੀਐ ਕਿਰਪਾ ਧਾਰਿ॥੧॥		Kahu Naanak Praanee Pehilai Peharai Har Japeeai Kirapaa Dhhaar ||1||	Says Nanak, O mortal, in the first watch of the night, dwell upon the Lord, who shall shower you with His Grace. ||1||	ਨਾਨਕ ਆਖਦਾ ਹੈ- ਹੇ ਪ੍ਰਾਣੀ! ਜੇ ਪਰਮਾਤਮਾ ਮਿਹਰ ਕਰੇ ਤਾਂ (ਜ਼ਿੰਦਗੀ ਦੀ ਰਾਤ ਦੇ) ਪਹਿਲੇ ਪਹਰ ਵਿਚ ਪਰਮਾਤਮਾ ਦਾ ਨਾਮ ਜਪਿਆ ਜਾ ਸਕਦਾ ਹੈ ॥੧॥
3090	76	ਦੂਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਮਨੁ ਲਾਗਾ ਦੂਜੈ ਭਾਇ॥		Dhoojai Peharai Rain Kai Vanajaariaa Mithraa Man Laagaa Dhoojai Bhaae ||	In the second watch of the night, O my merchant friend, the mind is attached to the love of duality.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ-ਮਿਤ੍ਰ! (ਜ਼ਿੰਦਗੀ ਦੀ ਰਾਤ ਦੇ) ਦੂਜੇ ਪਹਰ ਵਿਚ (ਜੀਵ ਦਾ) ਮਨ (ਪਰਮਾਤਮਾ ਨੂੰ ਭੁਲਾ ਕੇ) ਹੋਰ ਦੇ ਪਿਆਰ ਵਿਚ ਲੱਗ ਜਾਂਦਾ ਹੈ।

3091	76	ਮੇਰਾ ਮੇਰਾ ਕਰਿ ਪਾਲੀਐ ਵਣਜਾਰਿਆ ਮਿਤ੍ਰਾ ਲੇ ਮਾਤ ਪਿਤਾ ਗਲਿ ਲਾਇ॥	ਪੱਾਲੀਐ। ਗਲ਼ਿ: ਪੋਲਾ ਬੋਲੋ	Maeraa Maeraa Kar Paaleeai Vanajaariaa Mithraa Lae Maath Pithaa Gal Laae ||	Mother and father hug you close in their embrace, claiming, ""He is mine, he is mine""; so is the child brought up, O my merchant friend.	ਹੇ ਵਣਜਾਰੇ ਮਿਤ੍ਰ। (ਇਹ) ਮੇਰਾ (ਪੁਤ੍ਰ ਹੈ, ਇਹ) ਮੇਰਾ (ਪੁਤ੍ਰ ਹੈ, ਇਹ) ਆਖ ਆਖ ਕੇ (ਬਾਲਕ) ਪਾਲਿਆ ਜਾਂਦਾ ਹੈ। ਮਾਂ ਪਿਉ ਫੜ ਕੇ ਗਲ ਨਾਲ ਲਾਂਦੇ ਹਨ।
3092	76	ਲਾਵੈ ਮਾਤ ਪਿਤਾ ਸਦਾ ਗਲ ਸੇਤੀ ਮਨਿ ਜਾਣੈ ਖਟਿ ਖਵਾਏ॥	ਖੱਟਿ	Laavai Maath Pithaa Sadhaa Gal Saethee Man Jaanai Khatt Khavaaeae ||	Your mother and father constantly hug you close in their embrace; in their minds, they believe that you will provide for them and support them.	ਮਾਂ ਮੁੜ ਮੁੜ ਗਲ ਨਾਲ ਲਾਂਦੀ ਹੈ, ਪਿਉ ਮੁੜ ਮੁੜ ਗਲ ਨਾਲ ਲਾਂਦਾ ਹੈ। ਮਾਂ ਆਪਣੇ ਮਨ ਵਿਚ ਸਮਝਦੀ ਹੈ, ਪਿਉ ਆਪਣੇ ਮਨ ਵਿਚ ਸਮਝਦਾ ਹੈ ਕਿ (ਸਾਨੂੰ) ਖੱਟ ਕਮਾ ਕੇ ਖਵਾਇਗਾ।
3093	76	ਜੋ ਦੇਵੈ ਤਿਸੈ ਨ ਜਾਣੈ ਮੂੜਾ ਦਿਤੇ ਨੋ ਲਪਟਾਏ॥		Jo Dhaevai Thisai N Jaanai Moorraa Dhithae No Lapattaaeae ||	The fool does not know the One who gives; instead, he clings to the gift.	ਮੂਰਖ (ਮਨੁੱਖ) ਉਸ ਪਰਮਾਤਮਾ ਨੂੰ ਨਹੀਂ ਪਛਾਣਦਾ (ਨਹੀਂ ਯਾਦ ਕਰਦਾ) ਜੇਹੜਾ (ਪੁਤ੍ਰ ਧਨ ਆਦਿਕ) ਦੇਂਦਾ ਹੈ, ਪਰਮਾਤਮਾ ਦੇ ਦਿੱਤੇ ਹੋਏ (ਪੁਤ੍ਰ ਧਨ ਆਦਿਕ) ਨਾਲ ਮੋਹ ਕਰਦਾ ਹੈ।

3094	76	ਕੋਈ ਗੁਰਮੁਖਿ ਹੋਵੈ ਸੁ ਕਰੈ ਵੀਚਾਰੁ ਹਰਿ ਧਿਆਵੈ ਮਨਿ ਲਿਵ ਲਾਇ॥		Koee Guramukh Hovai S Karai Veechaar Har Dhhiaavai Man Liv Laae ||	Rare is the Gurmukh who reflects upon, meditates upon, and within his mind, is lovingly attached to the Lord.	ਜੇਹੜਾ ਕੋਈ (ਵਡ-ਭਾਗੀ ਮਨੁੱਖ) ਗੁਰੂ ਦੀ ਸਰਨ ਪੈਂਦਾ ਹੈ ਉਹ (ਇਸ ਅਸਲੀਅਤ ਦੀ) ਵਿਚਾਰ ਕਰਦਾ ਹੈ, ਤੇ ਸੁਰਤ ਜੋੜ ਕੇ ਆਪਣੇ ਮਨ ਵਿਚ ਪਰਮਾਤਮਾ ਦਾ ਧਿਆਨ ਧਰਦਾ ਹੈ।
3095	76	ਕਹੁ ਨਾਨਕ ਦੂਜੈ ਪਹਰੈ ਪ੍ਰਾਣੀ ਤਿਸੁ ਕਾਲੁ ਨ ਕਬਹੂੰ ਖਾਇ॥੨॥		Kahu Naanak Dhoojai Peharai Praanee This Kaal N Kabehoon Khaae ||2||	Says Nanak, in the second watch of the night, O mortal, death never devours you. ||2||	ਨਾਨਕ ਆਖਦਾ ਹੈ- (ਜ਼ਿੰਦਗੀ ਦੀ ਰਾਤ ਦੇ) ਦੂਜੇ ਪਹਰ ਵਿਚ (ਜੇਹੜਾ) ਪ੍ਰਾਣੀ (ਪਰਮਾਤਮਾ ਦਾ ਧਿਆਨ ਧਰਦਾ ਹੈ, ਉਸ ਨੂੰ) ਆਤਮਕ ਮੌਤ ਕਦੇ ਭੀ ਨਹੀਂ ਖਾਂਦੀ ॥੨॥
3096	76	ਤੀਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਮਨੁ ਲਗਾ ਆਲਿ ਜੰਜਾਲਿ॥		Theejai Peharai Rain Kai Vanajaariaa Mithraa Man Lagaa Aal Janjaal ||	In the third watch of the night, O my merchant friend, your mind is entangled in worldly and household affairs.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ ਮਿਤ੍ਰ! (ਜ਼ਿੰਦਗੀ ਦੀ ਰਾਤ ਦੇ) ਤੀਜੇ ਪਹਰ ਵਿਚ (ਮਨੁੱਖ ਦਾ) ਮਨ ਘਰ ਦੇ ਮੋਹ ਵਿਚ ਲੱਗ ਜਾਂਦਾ ਹੈ, ਦੁਨੀਆ ਦੇ ਧੰਧਿਆਂ ਦੇ ਮੋਹ ਵਿਚ ਫਸ ਜਾਂਦਾ ਹੈ।
3097	76	ਧਨੁ ਚਿਤਵੈ ਧਨੁ ਸੰਚਵੈ ਵਣਜਾਰਿਆ ਮਿਤ੍ਰਾ ਹਰਿ ਨਾਮਾ ਹਰਿ ਨ ਸਮਾਲਿ॥		Dhhan Chithavai Dhhan Sanchavai Vanajaariaa Mithraa Har Naamaa Har N Samaal ||	You think of wealth, and gather wealth, O my merchant friend, but you do not contemplate the Lord or the Lord's Name.	ਮਨੁੱਖ ਧਨ (ਹੀ) ਚਿਤਾਰਦਾ ਹੈ ਧਨ (ਹੀ) ਇਕੱਠਾ ਕਰਦਾ ਹੈ, ਤੇ ਪਰਮਾਤਮਾ ਦਾ ਨਾਮ ਕਦੇ ਭੀ ਹਿਰਦੇ ਵਿਚ ਨਹੀਂ ਵਸਾਂਦਾ।

3098	76	ਹਰਿ ਨਾਮਾ ਹਰਿ ਹਰਿ ਕਦੇ ਨ ਸਮਾਲੈ ਜਿ ਹੋਵੈ ਅੰਤਿ ਸਖਾਈ॥		Har Naamaa Har Har Kadhae N Samaalai J Hovai Anth Sakhaaee ||	You never dwell upon the Name of the Lord, Har, Har, who will be your only Helper and Support in the end.	(ਮੋਹ ਵਿਚ ਫਸ ਕੇ ਮਨੁੱਖ) ਕਦੇ ਭੀ ਪਰਮਾਤਮਾ ਦਾ ਉਹ ਨਾਮ ਆਪਣੇ ਹਿਰਦੇ ਵਿਚ ਨਹੀਂ ਵਸਾਂਦਾ ਜੇਹੜਾ ਅਖ਼ੀਰ ਵੇਲੇ ਸਾਥੀ ਬਣਦਾ ਹੈ।
3099	77	ਇਹੁ ਧਨੁ ਸੰਪੈ ਮਾਇਆ ਝੂਠੀ ਅੰਤਿ ਛੋਡਿ ਚਲਿਆ ਪਛੁਤਾਈ॥		Eihu Dhhan Sanpai Maaeiaa Jhoothee Anth Shhodd Chaliaa Pashhuthaaee ||	This wealth, property and Maya are false. In the end, you must leave these, and depart in sorrow.	ਇਹ ਧਨ-ਪਦਾਰਥ ਇਹ ਮਾਇਆ ਸਦਾ ਸਾਥ ਨਿਬਾਹੁਣ ਵਾਲੇ ਨਹੀਂ ਹਨ, ਅਤੇ ਸਮਾ ਆਉਣ ਤੇ ਪਛੁਤਾਂਦਾ ਹੋਇਆ ਇਹਨਾਂ ਨੂੰ ਛੱਡ ਕੇ ਜਾਂਦਾ ਹੈ।
3100	77	ਜਿਸ ਨੋ ਕਿਰਪਾ ਕਰੇ ਗੁਰੁ ਮੇਲੇ ਸੋ ਹਰਿ ਹਰਿ ਨਾਮੁ ਸਮਾਲਿ॥		Jis No Kirapaa Karae Gur Maelae So Har Har Naam Samaal ||	Those whom the Lord, in His Mercy, unites with the Guru, reflect upon the Name of the Lord, Har, Har.	ਜਿਸ ਮਨੁੱਖ ਉੱਤੇ ਪਰਮਾਤਮਾ ਮਿਹਰ ਕਰਦਾ ਹੈ ਉਸ ਨੂੰ ਗੁਰੂ ਮਿਲਾਂਦਾ ਹੈ, ਤੇ ਉਹ ਸਦਾ ਪਰਮਾਤਮਾ ਦਾ ਨਾਮ ਹਿਰਦੇ ਵਿਚ ਸੰਭਾਲਦਾ ਹੈ।
3101	77	ਕਹੁ ਨਾਨਕ ਤੀਜੈ ਪਹਰੈ ਪ੍ਰਾਣੀ ਸੇ ਜਾਇ ਮਿਲੇ ਹਰਿ ਨਾਲਿ॥੩॥		Kahu Naanak Theejai Peharai Praanee Sae Jaae Milae Har Naal ||3||	Says Nanak, in the third watch of the night, O mortal, they go, and are united with the Lord. ||3||	ਨਾਨਕ ਆਖਦਾ ਹੈ- ਜੇਹੜੇ ਪ੍ਰਾਣੀ ਹਰਿ ਨਾਮ ਸੰਭਾਲਦੇ ਹਨ, ਉਹ ਪਰਮਾਤਮਾ ਵਿਚ ਜਾ ਮਿਲਦੇ ਹਨ ॥੩॥{76-77}

3102	77	ਚਉਥੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਹਰਿ ਚਲਣ ਵੇਲਾ ਆਦੀ॥	ਵੇਲਾ: ਪੋਲਾ ਬੋਲੋ। ਚੱਲਣ। ਆਂਦੀ	Chouthhai Peharai Rain Kai Vanajaariaa Mithraa Har Chalan Vaelaa Aadhee ||	In the fourth watch of the night, O my merchant friend, the Lord announces the time of departure.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ-ਮਿਤ੍ਰ! (ਜ਼ਿੰਦਗੀ ਦੀ ਰਾਤ ਦੇ) ਚੌਥੇ ਪਹਰ ਪਰਮਾਤਮਾ (ਜੀਵ ਦੇ ਇੱਥੋਂ) ਤੁਰਨ ਦਾ ਸਮਾ ਲੈ (ਹੀ) ਆਉਂਦਾ ਹੈ।
3103	77	ਕਰਿ ਸੇਵਹੁ ਪੂਰਾ ਸਤਿਗੁਰੂ ਵਣਜਾਰਿਆ ਮਿਤ੍ਰਾ ਸਭ ਚਲੀ ਰੈਣਿ ਵਿਹਾਦੀ॥	ਚੱਲੀ। ਵਿਹਾਂਦੀ।	Kar Saevahu Pooraa Sathiguroo Vanajaariaa Mithraa Sabh Chalee Rain Vihaadhee ||	Serve the Perfect True Guru, O my merchant friend; your entire life-night is passing away.	ਹੇ ਵਣਜਾਰੇ ਜੀਵ-ਮਿਤ੍ਰ! ਗੁਰੂ ਨੂੰ ਅਭੁੱਲ ਜਾਣ ਕੇ ਗੁਰੂ ਦੀ ਸਰਨ ਪਵੋ, (ਜ਼ਿੰਦਗੀ ਦੀ) ਸਾਰੀ ਰਾਤ ਬੀਤਦੀ ਜਾ ਰਹੀ ਹੈ।
3104	77	ਹਰਿ ਸੇਵਹੁ ਖਿਨੁ ਖਿਨੁ ਢਿਲ ਮੂਲਿ ਨ ਕਰਿਹੁ ਜਿਤੁ ਅਸਥਿਰੁ ਜੁਗੁ ਜੁਗੁ ਹੋਵਹੁ॥		Har Saevahu Khin Khin Dtil Mool N Karihu Jith Asathhir Jug Jug Hovahu ||	Serve the Lord each and every instant-do not delay! You shall become eternal throughout the ages.	(ਹੇ ਜੀਵ-ਮਿਤ੍ਰ!) ਸੁਆਸ ਸੁਆਸ ਪਰਮਾਤਮਾ ਦਾ ਨਾਮ ਸਿਮਰੋ, (ਇਸ ਕੰਮ ਵਿਚ) ਬਿਲਕੁਲ ਆਲਸ ਨਾਹ ਕਰੋ, ਸਿਮਰਨ ਦੀ ਬਰਕਤਿ ਨਾਲ ਹੀ ਸਦਾ ਵਾਸਤੇ ਅਟੱਲ ਆਤਮਕ ਜੀਵਨ ਵਾਲੇ ਬਣ ਸਕੋਗੇ।

3105	77	ਹਰਿ ਸੇਤੀ ਸਦ ਮਾਣਹੁ ਰਲੀਆ ਜਨਮ ਮਰਣ ਦੁਖ ਖੋਵਹੁ॥		Har Saethee Sadh Maanahu Raleeaa Janam Maran Dhukh Khovahu ||	Enjoy ecstasy forever with the Lord, and do away with the pains of birth and death.	(ਹੇ ਜੀਵ-ਮਿਤ੍ਰ! ਸਿਮਰਨ ਦੀ ਬਰਕਤਿ ਨਾਲ ਹੀ) ਪਰਮਾਤਮਾ ਦੇ ਮਿਲਾਪ ਦਾ ਆਨੰਦ ਸਦਾ ਮਾਣੋਗੇ ਤੇ ਜਨਮ ਮਰਨ ਦੇ ਗੇੜ ਵਿੱਚ ਪਾਣ ਵਾਲੇ ਦੁਖਾਂ ਨੂੰ ਮੁਕਾ ਸਕੋਗੇ।
3106	77	ਗੁਰ ਸਤਿਗੁਰ ਸੁਆਮੀ ਭੇਦੁ ਨ ਜਾਣਹੁ ਜਿਤੁ ਮਿਲਿ ਹਰਿ ਭਗਤਿ ਸੁਖਾਂਦੀ॥		Gur Sathigur Suaamee Bhaedh N Jaanahu Jith Mil Har Bhagath Sukhaandhee ||	Know that there is no difference between the Guru, the True Guru, and your Lord and Master. Meeting with Him, take pleasure in the Lord's devotional service.	(ਹੇ ਜੀਵ-ਮਿਤ੍ਰ!) ਗੁਰੂ ਤੇ ਪਰਮਾਤਮਾ ਵਿਚ (ਰਤਾ ਭੀ) ਫ਼ਰਕ ਨਾਹ ਸਮਝੋ ਗੁਰੂ (ਦੇ ਚਰਨਾਂ) ਵਿੱਚ ਜੁੜ ਕੇ ਹੀ ਪਰਮਾਤਮਾ ਦੀ ਭਗਤੀ ਪਿਆਰੀ ਲੱਗਦੀ ਹੈ।
3107	77	ਕਹੁ ਨਾਨਕ ਪ੍ਰਾਣੀ ਚਉਥੈ ਪਹਰੈ ਸਫਲਿਓ ਰੈਣਿ ਭਗਤਾ ਦੀ॥੪॥੧॥੩॥	ਭਗਤਾਂ	Kahu Naanak Praanee Chouthhai Peharai Safalio Rain Bhagathaa Dhee ||4||1||3||	Says Nanak, O mortal, in the fourth watch of the night, the life-night of the devotee is fruitful. ||4||1||3||	ਨਾਨਕ ਆਖਦਾ ਹੈ- ਜੇਹੜੇ ਪ੍ਰਾਣੀ (ਜ਼ਿੰਦਗੀ ਦੀ ਰਾਤ ਦੇ) ਚੌਥੇ ਪਹਰ ਵਿਚ ਭੀ (ਪਰਮਾਤਮਾ ਦੀ ਭਗਤੀ ਕਰਦੇ ਰਹਿੰਦੇ ਹਨ ਉਹਨਾਂ) ਭਗਤਾਂ ਦੀ (ਜ਼ਿੰਦਗੀ ਦੀ ਸਾਰੀ) ਰਾਤ ਕਾਮਯਾਬ ਰਹਿੰਦੀ ਹੈ ॥੪॥੧॥੩॥
3108	77	ਸਿਰੀਰਾਗੁ ਮਹਲਾ ੫॥		Sireeraag Mehalaa 5 ||	Siree Raag, Fifth Mehl:	

3109	77	ਪਹਿਲੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਧਰਿ ਪਾਇਤਾ ਉਦਰੈ ਮਾਹਿ॥	ਪਹ-ਰੈ।ਪਤੀ ਜੀ ਨੇ ਸੁਪਤਨੀ ਜੀ ਦੇ ਉਦਰ ਚ, ਵੀਰਜ ਧਰਿ (ਪਾਇਤਾ) ਪਾ ਦਿਤਾ	Pehilai Peharai Rain Kai Vanajaariaa Mithraa Dhhar Paaeithaa Oudharai Maahi ||	In the first watch of the night, O my merchant friend, the Lord placed your soul in the womb.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ-ਮਿਤ੍ਰ! (ਮਨੁੱਖਾ ਜ਼ਿੰਦਗੀ ਦੀ) ਰਾਤ ਦੇ ਪਹਿਲੇ ਪਹਰ ਪਰਮਾਤਮਾ ਮਾਂ ਦੇ ਪੇਟ ਵਿਚ (ਜੀਵ ਦਾ) ਪੈਂਤੜਾ ਰੱਖਦਾ ਹੈ।
3110	77	ਦਸੀ ਮਾਸੀ ਮਾਨਸੁ ਕੀਆ ਵਣਜਾਰਿਆ ਮਿਤ੍ਰਾ ਕਰਿ ਮੁਹਲਤਿ ਕਰਮ ਕਮਾਹਿ॥	ਦਸੀਂ। ਮਾਸੀਂ। ਮੁਹ-ਲਤਿ	Dhasee Maasee Maanas Keeaa Vanajaariaa Mithraa Kar Muhalath Karam Kamaahi ||	In the tenth month, you were made into a human being, O my merchant friend, and you were given your allotted time to perform good deeds.	ਹੇ ਵਣਜਾਰੇ ਮਿਤ੍ਰ! (ਫਿਰ) ਦਸਾਂ ਮਹੀਨਿਆਂ ਵਿਚ ਪ੍ਰਭੂ ਮਨੁੱਖ (ਦਾ ਸਾਬਤ ਬੁੱਤ) ਬਣਾ ਦੇਂਦਾ ਹੈ। (ਜੀਵਾਂ ਨੂੰ ਜਿੰਦਗੀ ਦਾ) ਮੁਕਰਰ ਸਮਾ ਦੇਂਦਾ ਹੈ (ਜਿਸ ਵਿਚ ਜੀਵ ਚੰਗੇ ਮੰਦੇ) ਕਰਮ ਕਮਾਂਦੇ ਹਨ।
3111	77	ਮੁਹਲਤਿ ਕਰਿ ਦੀਨੀ ਕਰਮ ਕਮਾਣੇ ਜੈਸਾ ਲਿਖਤੁ ਧੁਰਿ ਪਾਇਆ॥		Muhalath Kar Dheenee Karam Kamaanae Jaisaa Likhath Dhhur Paaeiaa ||	You were given this time to perform good deeds, according to your pre-ordained destiny.	ਪਰਮਾਤਮਾ ਜੀਵ ਲਈ ਜ਼ਿੰਦਗੀ ਦਾ ਸਮਾ ਮੁਕਰਰ ਕਰ ਦੇਂਦਾ ਹੈ। ਪਿੱਛੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਪ੍ਰਭੂ ਜੀਵ ਦੇ ਮੱਥੇ ਤੇ ਧੁਰੋਂ ਜਿਹੋ ਜਿਹਾ ਲੇਖ ਲਿਖ ਦੇਂਦਾ ਹੈ, ਉਹੋ ਜਿਹੇ ਕਰਮ ਜੀਵ ਕਮਾਂਦੇ ਹਨ।

3112	77	ਮਾਤ ਪਿਤਾ ਭਾਈ ਸੁਤ ਬਨਿਤਾ ਤਿਨ ਭੀਤਰਿ ਪ੍ਰਭੂ ਸੰਜੋਇਆ॥		Maath Pithaa Bhaaee Suth Banithaa Thin Bheethar Prabhoo Sanjoeiaa ||	God placed you with your mother, father, brothers, sons and wife.	ਮਾਂ ਪਿਓ ਭਰਾ ਪੁੱਤਰ ਇਸਤ੍ਰੀ (ਆਦਿਕ) ਇਹਨਾਂ ਸੰਬੰਧੀਆਂ ਵਿਚ ਪ੍ਰਭੂ ਜੀਵ ਨੂੰ ਰਚਾ-ਮਚਾ ਦੇਂਦਾ ਹੈ।
3113	77	ਕਰਮ ਸੁਕਰਮ ਕਰਾਏ ਆਪੇ ਇਸੁ ਜੰਤੈ ਵਸਿ ਕਿਛੁ ਨਾਹਿ॥	ਵੱਸਿ	Karam Sukaram Karaaeae Aapae Eis Janthai Vas Kishh Naahi ||	God Himself is the Cause of causes, good and bad-no one has control over these things.	ਇਸ ਜੀਵ ਦੇ ਇਖ਼ਤਿਆਰ ਵਿਚ ਕੁਝ ਨਹੀਂ, ਪਰਮਾਤਮਾ ਆਪ ਹੀ ਇਸ ਪਾਸੋਂ ਚੰਗੇ ਮੰਦੇ ਕਰਮ ਕਰਾਂਦਾ ਹੈ।
3114	77	ਕਹੁ ਨਾਨਕ ਪ੍ਰਾਣੀ ਪਹਿਲੈ ਪਹਰੈ ਧਰਿ ਪਾਇਤਾ ਉਦਰੈ ਮਾਹਿ॥੧॥		Kahu Naanak Praanee Pehilai Peharai Dhhar Paaeithaa Oudharai Maahi ||1||	Says Nanak, O mortal, in the first watch of the night, the soul is placed in the womb. ||1||	ਨਾਨਕ ਆਖਦਾ ਹੈ- (ਜ਼ਿੰਦਗੀ ਦੀ ਰਾਤ ਦੇ) ਪਹਿਲੇ ਪਹਰ ਪਰਮਾਤਮਾ ਪ੍ਰਾਣੀ ਦਾ ਪੈਤੜਾ ਮਾਂ ਦੇ ਪੇਟ ਵਿਚ ਰੱਖ ਦੇਂਦਾ ਹੈ ॥੧॥
3115	77	ਦੂਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਭਰਿ ਜੁਆਨੀ ਲਹਰੀ ਦੇਇ॥	ਦੇਇ	Dhoojai Peharai Rain Kai Vanajaariaa Mithraa Bhar Juaanee Leharee Dhaee ||	In the second watch of the night, O my merchant friend, the fullness of youth rises in you like waves.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ-ਮਿਤ੍ਰ! (ਜ਼ਿੰਦਗੀ ਦੀ) ਰਾਤ ਦੇ ਦੂਜੇ ਪਹਰ ਸਿਖਰ ਤੇ ਪਹੁੰਚੀ ਹੋਈ ਜੁਆਨੀ (ਜੀਵ ਦੇ ਅੰਦਰ) ਉਛਾਲੇ ਮਾਰਦੀ ਹੈ।

3116	77	ਬੁਰਾ ਭਲਾ ਨ ਪਛਾਣਈ ਵਣਜਾਰਿਆ ਮਿਤ੍ਰਾ ਮਨੁ ਮਤਾ ਅਹੰਮੇਇ॥	ਮੱਤਾ।ਅਹੰ-ਮੇਇ	Buraa Bhalaa N Pashhaanee Vanajaariaa Mithraa Man Mathaa Ahanmaee ||	You do not distinguish between good and evil, O my merchant friend-your mind is intoxicated with ego.	ਹੇ ਵਣਜਾਰੇ ਮਿਤ੍ਰ! ਤਦੋਂ ਜੀਵ ਦਾ ਮਨ ਹਉਮੈ ਅਹੰਕਾਰ ਵਿਚ ਮਸਤ ਰਹਿੰਦਾ ਹੈ, ਤੇ ਉਹ ਚੰਗੇ ਮੰਦੇ ਕੰਮ ਵਿਚ ਤਮੀਜ਼ ਨਹੀਂ ਕਰਦਾ।
3117	77	ਬੁਰਾ ਭਲਾ ਨ ਪਛਾਣੈ ਪ੍ਰਾਣੀ ਆਗੈ ਪੰਥੁ ਕਰਾਰਾ॥		Buraa Bhalaa N Pashhaanai Praanee Aagai Panthh Karaaraa ||	Mortal beings do not distinguish between good and evil, and the road ahead is treacherous.	(ਜੁਆਨੀ ਦੇ ਮਦ ਵਿਚ) ਪ੍ਰਾਣੀ ਇਹ ਨਹੀਂ ਪਛਾਣਦਾ, ਕਿ ਜੋ ਕੁਝ ਮੈਂ ਕਰ ਰਿਹਾ ਹਾਂ ਚੰਗਾ ਹੈ ਜਾਂ ਮੰਦਾ (ਵਿਕਾਰਾਂ ਵਿਚ ਪੈ ਜਾਂਦਾ ਹੈ, ਤੇ) ਪਰਲੋਕ ਵਿਚ ਔਖਾ ਪੈਂਡਾ ਝਾਗਦਾ ਹੈ।
3118	77	ਪੂਰਾ ਸਤਿਗੁਰੁ ਕਬਹੂੰ ਨ ਸੇਵਿਆ ਸਿਰਿ ਠਾਢੇ ਜਮ ਜੰਦਾਰਾ॥		Pooraa Sathigur Kabehoon N Saeviaa Sir Thaadtae Jam Jandhaaraa ||	They never serve the Perfect True Guru, and the cruel tyrant Death stands over their heads.	(ਹਉਮੈ ਵਿਚ ਮਸਤ ਮਨੁੱਖ) ਪੂਰੇ ਗੁਰੂ ਦੀ ਸਰਨ ਨਹੀਂ ਪੈਂਦਾ, (ਇਸ ਵਾਸਤੇ ਉਸ ਦੇ) ਸਿਰ ਉੱਤੇ ਜ਼ਾਲਮ ਜਮ ਆ ਖਲੋਂਦੇ ਹਨ।
3119	77	ਧਰਮਰਾਇ ਜਬ ਪਕਰਸਿ ਬਵਰੇ ਤਬ ਕਿਆ ਜਬਾਬੁ ਕਰੇਇ॥		Dhharam Raae Jab Pakaras Bavarae Thab Kiaa Jabaab Karaee ||	When the Righteous Judge seizes you and interrogates you, O madman, what answer will you give him then?	(ਜੁਆਨੀ ਦੇ ਨਸ਼ੇ ਵਿਚ ਮਨੁੱਖ ਕਦੇ ਨਹੀਂ ਸੋਚਦਾ ਕਿ ਹਉਮੈ ਵਿਚ) ਝੱਲੇ ਹੋ ਚੁਕੇ ਨੂੰ ਜਦੋਂ ਧਰਮਰਾਜ ਆ ਫੜੇਗਾ, ਤਦੋਂ (ਆਪਣੀਆਂ ਮੰਦੀਆਂ ਕਰਤੂਤਾਂ ਬਾਰੇ) ਉਸ ਨੂੰ ਕੀਹ ਜਵਾਬ ਦੇਵੇਗਾ?

3120	77	ਕਹੁ ਨਾਨਕ ਦੂਜੈ ਪਹਰੈ ਪ੍ਰਾਣੀ ਭਰਿ ਜੋਬਨੁ ਲਹਰੀ ਦੇਇ॥੨॥		Kahu Naanak Dhoojai Peharai Praanee Bhar Joban Leharee Dhaee ||2||	Says Nanak, in the second watch of the night, O mortal, the fullness of youth tosses you about like waves in the storm. ||2||	ਨਾਨਕ ਆਖਦਾ ਹੈ- (ਜ਼ਿੰਦਗੀ ਦੀ) ਰਾਤ ਦੇ ਦੂਜੇ ਪਹਰ ਸਿਖਰ ਤੇ ਪੁੰਹਚਿਆ ਹੋਇਆ ਜੋਬਨ (ਮਨੁੱਖ ਦੇ ਅੰਦਰ) ਉਛਾਲੇ ਮਾਰਦਾ ਹੈ ॥੨॥
3121	77	ਤੀਜੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਬਿਖੁ ਸੰਚੈ ਅੰਧੁ ਅਗਿਆਨੁ॥		Theejai Peharai Rain Kai Vanajaariaa Mithraa Bikh Sanchai Andhh Agiaan ||	In the third watch of the night, O my merchant friend, the blind and ignorant person gathers poison.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ-ਮਿਤ੍ਰ! (ਜ਼ਿੰਦਗੀ ਦੇ) ਰਾਤ ਦੇ ਤੀਜੇ ਪਹਰ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਹੋਇਆ ਤੇ ਗਿਆਨ ਤੋਂ ਸੱਖਣਾ ਮਨੁੱਖ (ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲਾ ਧਨ-ਰੂਪ) ਜ਼ਹਰ ਇਕੱਠਾ ਕਰਦਾ ਰਹਿੰਦਾ ਹੈ।
3122	77	ਪੁਤ੍ਰਿ ਕਲਤ੍ਰਿ ਮੋਹਿ ਲਪਟਿਆ ਵਣਜਾਰਿਆ ਮਿਤ੍ਰਾ ਅੰਤਰਿ ਲਹਰਿ ਲੋਭਾਨੁ॥	ਪੁੱਤ੍ਰਿ। ਕਲੱਤ੍ਰਿ।ਲਪ-ਟਿਆ। ਲਹ-ਰਿ	Puthr Kalathr Mohi Lapattiaa Vanajaariaa Mithraa Anthar Lehar Lobhaan ||	He is entangled in emotional attachment to his wife and sons, O my merchant friend, and deep within him, the waves of greed are rising up.	ਹੇ ਵਣਜਾਰੇ ਮਿਤ੍ਰ! ਤਦੋਂ ਮਨੁੱਖ ਮਾਇਆ ਦਾ ਲੋਭੀ ਹੋ ਜਾਂਦਾ ਹੈ। ਇਸ ਦੇ ਅੰਦਰ (ਲੋਭ ਦੀਆਂ) ਲਹਿਰ ਉੱਠਦੀਆਂ ਹਨ, ਮਨੁੱਖ ਪੁੱਤਰ (ਦੇ ਮੋਹ) ਵਿਚ, ਇਸਤ੍ਰੀ (ਦੇ ਮੋਹ) ਵਿਚ, (ਮਾਇਆ ਦੇ) ਮੋਹ ਵਿਚ ਫਸਿਆ ਰਹਿੰਦਾ ਹੈ।

3123	77	ਅੰਤਰਿ ਲਹਰਿ ਲੋਭਾਨੁ ਪਰਾਨੀ ਸੋ ਪ੍ਰਭੁ ਚਿਤਿ ਨ ਆਵੈ॥		Anthar Lehar Lobhaan Paraanee So Prabh Chith N Aavai ||	The waves of greed are rising up within him, and he does not remember God.	ਪ੍ਰਾਣੀ ਦੇ ਅੰਦਰ (ਲੋਭ ਦੀਆਂ) ਲਹਿਰਾਂ ਉੱਠਦੀਆਂ ਹਨ, ਮਨੁੱਖ ਲੋਭੀ ਹੋਇਆ ਰਹਿੰਦਾ ਹੈ, ਉਹ ਪਰਮਾਤਮਾ ਕਦੇ ਇਸ ਦੇ ਚਿੱਤ ਵਿਚ ਨਹੀਂ ਆਉਂਦਾ।
3124	77	ਸਾਧਸੰਗਤਿ ਸਿਉ ਸੰਗੁ ਨ ਕੀਆ ਬਹੁ ਜੋਨੀ ਦੁਖੁ ਪਾਵੈ॥		Saadhhasangath Sio Sang N Keeaa Bahu Jonee Dhukh Paavai ||	He does not join the Saadh Sangat, the Company of the Holy, and he suffers in terrible pain through countless incarnations.	ਮਨੁੱਖ ਤਦੋਂ ਸਾਧ ਸੰਗਤਿ ਨਾਲ ਮੇਲ-ਮਿਲਾਪ ਨਹੀਂ ਰੱਖਦਾ, (ਆਖ਼ਰ) ਕਈ ਜੂਨਾਂ ਵਿਚ (ਭਟਕਦਾ) ਦੁੱਖ ਸਹਾਰਦਾ ਹੈ।
3125	77	ਸਿਰਜਨਹਾਰੁ ਵਿਸਾਰਿਆ ਸੁਆਮੀ ਇਕ ਨਿਮਖ ਨ ਲਗੋ ਧਿਆਨੁ॥		Sirajanehaar Visaariaa Suaamee Eik Nimakh N Lago Dhhiaan ||	He has forgotten the Creator, his Lord and Master, and he does not meditate on Him, even for an instant.	ਮਨੁੱਖ (ਆਪਣੇ) ਸਿਰਜਨਹਾਰ ਮਾਲਕ ਨੂੰ ਭੁਲਾ ਦੇਂਦਾ ਹੈ, ਅੱਖ ਝਮਕਣ ਦੇ ਸਮੇਂ ਜਿਤਨਾ ਸਮਾ ਭੀ ਪਰਮਾਤਮਾ ਵਿਚ ਸੁਰਤ ਨਹੀਂ ਜੋੜਦਾ।
3126	77	ਕਹੁ ਨਾਨਕ ਪ੍ਰਾਣੀ ਤੀਜੈ ਪਹਰੈ ਬਿਖੁ ਸੰਚੇ ਅੰਧੁ ਅਗਿਆਨੁ॥੩॥		Kahu Naanak Praanee Theejai Peharai Bikh Sanchae Andhh Agiaan ||3||	Says Nanak, in the third watch of the night, the blind and ignorant person gathers poison. ||3||	ਨਾਨਕ ਆਖਦਾ ਹੈ- (ਜ਼ਿੰਦਗੀ ਦੀ) ਰਾਤ ਦੇ ਤੀਜੇ ਪਹਰ ਅੰਨ੍ਹਾ ਗਿਆਨ-ਹੀਨ ਮਨੁੱਖ (ਆਤਮਕ ਮੌਤ ਲਿਆਉਣ ਵਾਲਾ ਧਨ-ਰੂਪ) ਜ਼ਹਰ (ਹੀ) ਇਕੱਠਾ ਕਰਦਾ ਰਹਿੰਦਾ ਹੈ ॥੩॥

3127	77	ਚਉਥੈ ਪਹਰੈ ਰੈਣਿ ਕੈ ਵਣਜਾਰਿਆ ਮਿਤ੍ਰਾ ਦਿਨੁ ਨੇੜੈ ਆਇਆ ਸੋਇ॥		Chouthhai Peharai Rain Kai Vanajaariaa Mithraa Dhin Naerrai Aaeiaa Soe ||	In the fourth watch of the night, O my merchant friend, that day is drawing near.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ-ਮਿਤ੍ਰ! (ਜ਼ਿੰਦਗੀ ਦੀ ਰਾਤ ਦੇ ਚੌਥੇ ਪਹਰ ਉਹ ਦਿਨ ਨੇੜੇ ਆ ਜਾਂਦਾ ਹੈ, (ਜਦੋਂ ਇੱਥੋਂ ਕੂਚ ਕਰਨਾ ਹੁੰਦਾ ਹੈ)।
3128	77	ਗੁਰਮੁਖਿ ਨਾਮੁ ਸਮਾਲਿ ਤੂੰ ਵਣਜਾਰਿਆ ਮਿਤ੍ਰਾ ਤੇਰਾ ਦਰਗਹ ਬੇਲੀ ਹੋਇ॥		Guramukh Naam Samaal Thoon Vanajaariaa Mithraa Thaeraa Dharageh Baelee Hoe ||	As Gurmukh, remember the Naam, O my merchant friend. It shall be your Friend in the Court of the Lord.	ਹੇ ਵਣਜਹਾਰੇ ਮਿਤ੍ਰ! ਪ੍ਰਭੂ ਦਾ ਨਾਮ ਹਿਰਦੇ ਵਿਚ ਵਸਾ, ਨਾਮ ਹੀ ਪ੍ਰਭੂ ਦੀ ਦਰਗਾਹ ਵਿਚ ਤੇਰਾ ਮਦਦਗਾਰ ਬਣੇਗਾ।
3129	77	ਗੁਰਮੁਖਿ ਨਾਮੁ ਸਮਾਲਿ ਪਰਾਣੀ ਅੰਤੇ ਹੋਇ ਸਖਾਈ॥		Guramukh Naam Samaal Paraanee Anthae Hoe Sakhaaee ||	As Gurmukh, remember the Naam, O mortal; in the end, it shall be your only companion.	ਹੇ ਪ੍ਰਾਣੀ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖ, ਨਾਮ ਹੀ ਅਖ਼ੀਰ ਸਮੇ ਸਾਥੀ ਬਣਦਾ ਹੈ।
3130	78	ਇਹੁ ਮੋਹੁ ਮਾਇਆ ਤੇਰੈ ਸੰਗਿ ਨ ਚਾਲੈ ਝੂਠੀ ਪ੍ਰੀਤਿ ਲਗਾਈ॥		Eihu Mohu Maaeiaa Thaerai Sang N Chaalai Jhoothee Preeth Lagaaee ||	This emotional attachment to Maya shall not go with you; it is false to fall in love with it.	ਮਾਇਆ ਦਾ ਇਹ ਮੋਹ (ਜਿਸ ਵਿਚ ਤੂੰ ਫਸਿਆ ਪਿਆ ਹੈਂ) ਤੇਰੇ ਨਾਲ ਨਹੀਂ ਜਾ ਸਕਦਾ, ਤੂੰ ਇਸ ਨਾਲ ਝੂਠਾ ਪਿਆਰ ਪਾਇਆ ਹੋਇਆ ਹੈ।

3131	78	ਸਗਲੀ ਰੈਣਿ ਗੁਦਰੀ ਅੰਧਿਆਰੀ ਸੇਵਿ ਸਤਿਗੁਰੁ ਚਾਨਣੁ ਹੋਇ॥	ਗੁਦਰੀ: ਪੋਲਾ ਬੋਲੋ	Sagalee Rain Gudharee Andhhiaaree Saev Sathigur Chaanan Hoe ||	The entire night of your life has passed away in darkness; but by serving the True Guru, the Divine Light shall dawn within.	(ਹੇ ਭਾਈ!) ਜ਼ਿੰਦਗੀ ਦੀ ਸਾਰੀ ਰਾਤ ਮਾਇਆ ਦੇ ਮੋਹ ਦੇ ਹਨੇਰੇ ਵਿਚ ਬੀਤਦੀ ਜਾ ਰਹੀ ਹੈ। ਗੁਰੂ ਦੀ ਸਰਨ ਪਉ (ਤਾਕਿ ਤੇਰੇ ਅੰਦਰ ਪਰਮਾਤਮਾ ਦੇ ਨਾਮ ਦਾ) ਚਾਨਣ ਹੋ ਜਾਏ।
3132	78	ਕਹੁ ਨਾਨਕ ਪ੍ਰਾਣੀ ਚਉਥੈ ਪਹਰੈ ਦਿਨੁ ਨੇੜੈ ਆਇਆ ਸੋਇ॥੪॥		Kahu Naanak Praanee Chouthhai Peharai Dhin Naerrai Aaeiaa Soe ||4||	Says Nanak, O mortal, in the fourth watch of the night, that day is drawing near! ||4||	ਨਾਨਕ ਆਖਦਾ ਹੈ- ਹੇ ਪ੍ਰਾਣੀ! (ਜ਼ਿੰਦਗੀ ਦੀ) ਰਾਤ ਦੇ ਚੌਥੇ ਪਹਰ ਉਹ ਦਿਨ ਨੇੜੇ ਆ ਜਾਂਦਾ ਹੈ (ਜਦੋਂ ਇਥੋਂ ਕੂਚ ਕਰਨਾ ਹੁੰਦਾ ਹੈ) ॥੪॥{77-78}
3133	78	ਲਿਖਿਆ ਆਇਆ ਗੋਵਿੰਦ ਕਾ ਵਣਜਾਰਿਆ ਮਿਤ੍ਰਾ ਉਠਿ ਚਲੇ ਕਮਾਣਾ ਸਾਥਿ॥		Likhiaa Aaeiaa Govindh Kaa Vanajaariaa Mithraa Outh Chalae Kamaanaa Saathh ||	Receiving the summons from the Lord of the Universe, O my merchant friend, you must arise and depart with the actions you have committed.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਜੀਵ-ਮਿਤ੍ਰ! ਜਦੋਂ ਪਰਮਾਤਮਾ ਵਲੋਂ (ਮੌਤ ਦਾ) ਲਿਖਿਆ ਹੋਇਆ (ਪਰਵਾਨਾ) ਆਉਂਦਾ ਹੈ, ਤਦੋਂ (ਇੱਥੇ) ਕਮਾਏ ਹੋਏ (ਚੰਗੇ ਮੰਦੇ ਕਰਮਾਂ ਦੇ ਸੰਸਕਾਰ ਜੀਵਾਤਮਾ ਦੇ) ਨਾਲ ਤੁਰ ਪੈਂਦੇ ਹਨ।

3134	78	ਇਕ ਰਤੀ ਬਿਲਮ ਨ ਦੇਵਨੀ ਵਣਜਾਰਿਆ ਮਿਤ੍ਰਾ ਓਨੀ ਤਕੜੇ ਪਾਏ ਹਾਥ॥	ਰੱਤੀ	Eik Rathee Bilam N Dhaevanee Vanajaariaa Mithraa Ounee Thakarrae Paaeae Haathh ||	You are not allowed a moment's delay, O my merchant friend; the Messenger of Death seizes you with firm hands.	ਉਸ ਵੇਲੇ ਉਹਨਾਂ ਜਮਾਂ ਨੇ ਪੱਕੇ ਹੱਥ ਪਾਏ ਹੁੰਦੇ ਹਨ, ਹੇ ਵਣਜਾਰੇ ਮਿਤ੍ਰ! ਉਹ ਰਤਾ ਭਰ ਸਮੇ ਦੀ ਢਿੱਲ-ਮਠ ਦੀ ਇਜਾਜ਼ਤ ਨਹੀਂ ਦੇਂਦੇ।
3135	78	ਲਿਖਿਆ ਆਇਆ ਪਕੜਿ ਚਲਾਇਆ ਮਨਮੁਖ ਸਦਾ ਦੁਹੇਲੇ॥		Likhiaa Aaeiaa Pakarr Chalaaeiaa Manamukh Sadhaa Dhuhaelae ||	Receiving the summons, people are seized and dispatched. The self-willed manmukhs are miserable forever.	ਜਦੋਂ ਕਰਤਾਰ ਵਲੋਂ (ਮੌਤ ਦਾ) ਲਿਖਿਆ ਹੋਇਆ ਹੁਕਮ ਆਉਂਦਾ ਹੈ (ਉਹ ਜਮ ਜੀਵ ਨੂੰ) ਫੜ ਕੇ ਅੱਗੇ ਲਾ ਲੈਂਦੇ ਹਨ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਫਿਰ) ਸਦਾ ਦੁਖੀ ਰਹਿੰਦੇ ਹਨ।
3136	78	ਜਿਨੀ ਪੂਰਾ ਸਤਿਗੁਰੁ ਸੇਵਿਆ ਸੇ ਦਰਗਹ ਸਦਾ ਸੁਹੇਲੇ॥		Jinee Pooraa Sathigur Saeviaa Sae Dharageh Sadhaa Suhaelae ||	But those who serve the Perfect True Guru are forever happy in the Court of the Lord.	ਜਿਨ੍ਹਾਂ ਨੇ ਪੂਰੇ ਗੁਰੂ ਦਾ ਆਸਰਾ ਲਈ ਰੱਖਿਆ, ਉਹ ਪਰਮਾਤਮਾ ਦੀ ਦਰਗਾਹ ਵਿਚ ਸਦਾ ਸੌਖੇ ਰਹਿੰਦੇ ਹਨ।
3137	78	ਕਰਮ ਧਰਤੀ ਸਰੀਰੁ ਜੁਗ ਅੰਤਰਿ ਜੋ ਬੋਵੈ ਸੋ ਖਾਤਿ॥	ਜੁੱਗ	Karam Dhharathee Sareer Jug Anthar Jo Bovai So Khaath ||	The body is the field of karma in this age; whatever you plant, you shall harvest.	(ਹੇ ਵਣਜਾਰੇ ਮਿਤ੍ਰ!) ਮਨੁੱਖਾ ਜੀਵਨ ਵਿਚ (ਮਨੁੱਖ ਦਾ) ਸਰੀਰ ਕਰਮ ਕਮਾਣ ਲਈ ਧਰਤੀ (ਸਮਾਨ) ਹੈ, (ਜਿਸ ਵਿਚ) ਜਿਹੋ ਜਿਹਾ (ਕੋਈ) ਬੀਜਦਾ ਹੈ ਉਹੀ ਖਾਂਦਾ ਹੈ।

3138	78	ਕਹੁ ਨਾਨਕ ਭਗਤ ਸੋਹਹਿ ਦਰਵਾਰੇ ਮਨਮੁਖ ਸਦਾ ਭਵਾਤਿ॥੫॥੧॥੪॥	ਸੋਹਹਿ	Kahu Naanak Bhagath Sohehi Dharavaarae Manamukh Sadhaa Bhavaath ||5||1||4||	Says Nanak, the devotees look beautiful in the Court of the Lord; the self-willed manmukhs wander forever in reincarnation. ||5||1||4||	ਨਾਨਕ ਆਖਦਾ ਹੈ- ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ ਪਰਮਾਤਮਾ ਦੇ ਦਰ ਤੇ ਸੋਭਾ ਪਾਂਦੇ ਹਨ , ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਸਦਾ ਜਨਮ ਮਰਨ ਦੇ ਗੇੜ ਵਿਚ ਪਾਏ ਜਾਂਦੇ ਹਨ ॥੫॥੧॥੪॥
3139	78	ਸਿਰੀਰਾਗੁ ਮਹਲਾ ੪ ਘਰੁ ੨ ਛੰਤ		Sireeraag Mehalaa 4 Ghar 2 Shhantha	Siree Raag, Fourth Mehl, Second House, Chhant:	
3140	78	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	
3141	78	ਮੁੰਧ ਇਆਣੀ ਪੇਈਅੜੈ ਕਿਉ ਕਰਿ ਹਰਿ ਦਰਸਨੁ ਪਿਖੈ॥		Mundhh Eiaanee Paeeearrai Kio Kar Har Dharasan Pikhai ||	How can the ignorant soul-bride obtain the Blessed Vision of the Lord's Darshan, while she is in this world of her father's home?	ਜੇ ਜੀਵ-ਇਸਤ੍ਰੀ ਪੇਕੇ ਘਰ ਵਿਚ (ਇਸ ਮਨੁੱਖਾ ਜਨਮ ਵਿਚ) ਅੰਞਾਣ ਹੀ ਟਿਕੀ ਰਹੇ, ਤਾਂ ਉਹ ਪਤੀ-ਪ੍ਰਭੂ ਦਾ ਦਰਸਨ ਕਿਵੇਂ ਕਰ ਸਕਦੀ ਹੈ? (ਦਰਸਨ ਨਹੀਂ ਕਰ ਸਕਦੀ)।
3142	78	ਹਰਿ ਹਰਿ ਅਪਨੀ ਕਿਰਪਾ ਕਰੇ ਗੁਰਮੁਖਿ ਸਾਹੁਰੜੈ ਕੰਮ ਸਿਖੈ॥	ਸਿੱਖੈ	Har Har Apanee Kirapaa Karae Guramukh Saahurarrai Kanm Sikhai ||	When the Lord Himself grants His Grace, the Gurmukh learns the duties of her Husband's Celestial Home.	ਜਦੋਂ ਪਰਮਾਤਮਾ ਆਪਣੀ ਮਿਹਰ ਕਰਦਾ ਹੈ, ਤਾਂ (ਜੀਵ-ਇਸਤ੍ਰੀ) ਗੁਰੂ ਦੇ ਸਨਮੁਖ ਹੋ ਕੇ ਪ੍ਰਭੂ-ਪਤੀ ਦੇ ਚਰਨਾਂ ਵਿਚ ਪਹੁੰਚਣ ਵਾਲੇ ਕੰਮ (ਕਰਨੇ) ਸਿੱਖਦੀ ਹੈ।

3143	78	ਸਾਹੁਰੜੈ ਕੰਮ ਸਿਖੈ ਗੁਰਮੁਖਿ ਹਰਿ ਹਰਿ ਸਦਾ ਧਿਆਏ॥		Saahurarrai Kanm Sikhai Guramukh Har Har Sadhaa Dhhiaaeae ||	The Gurmukh learns the duties of her Husband's Celestial Home; she meditates forever on the Lord, Har, Har.	ਗੁਰੂ ਦੀ ਸਰਨ ਪੈ ਕੇ (ਜੀਵ-ਇਸਤ੍ਰੀ) ਉਹ ਕੰਮ ਸਿੱਖਦੀ ਹੈ, ਜਿਨ੍ਹਾਂ ਦੀ ਸਹਾਇਤਾ ਨਾਲ ਪਤੀ-ਪ੍ਰਭੂ ਦੀ ਹਜ਼ੂਰੀ ਵਿਚ ਅੱਪੜ ਸਕੇ (ਉਹ ਕੰਮ ਇਹ ਹਨ ਕਿ ਜੀਵ-ਇਸਤ੍ਰੀ) ਸਦਾ ਪਰਮਾਤਮਾ ਦਾ ਨਾਮ ਸਿਮਰਦੀ ਹੈ।
3144	78	ਸਹੀਆ ਵਿਚਿ ਫਿਰੈ ਸੁਹੇਲੀ ਹਰਿ ਦਰਗਹ ਬਾਹ ਲੁਡਾਏ॥	ਬਾਂਹ	Seheeaa Vich Firai Suhaelee Har Dharageh Baah Luddaaeae ||	She walks happily among her companions, and in the Lord's Court, she swings her arms joyfully.	ਸਹੇਲੀਆਂ ਵਿਚ (ਸਤ-ਸੰਗੀਆਂ ਵਿਚ ਰਹਿ ਕੇ ਇਸ ਲੋਕ ਵਿਚ) ਸੌਖੀ ਤੁਰੀ ਫਿਰਦੀ ਹੈ (ਸੌਖਾ ਜੀਵਨ ਬਿਤਾਂਦੀ ਹੈ, ਤੇ) ਪਰਮਾਤਮਾ ਦੀ ਹਜ਼ੂਰੀ ਵਿਚ ਬੇ-ਫ਼ਿਕਰ ਹੋ ਕੇ ਪਹੁੰਚਦੀ ਹੈ।
3145	78	ਲੇਖਾ ਧਰਮਰਾਇ ਕੀ ਬਾਕੀ ਜਪਿ ਹਰਿ ਹਰਿ ਨਾਮੁ ਕਿਰਖੈ॥	(ਕਿਰਖੈ) ਕੱਟੇ। (ਕਿਰਖੈ) ਮਿਲਵਾਂ	Laekhaa Dhharam Raae Kee Baakee Jap Har Har Naam Kirakhai ||	Her account is cleared by the Righteous Judge of Dharma, when she chants the Name of the Lord, Har, Har.	ਉਹ ਜੀਵ-ਇਸਤ੍ਰੀ ਪਰਮਾਤਮਾ ਦਾ ਨਾਮ ਸਦਾ ਜਪ ਕੇ ਧਰਮਰਾਜ ਦਾ ਲੇਖਾ, ਧਰਮਰਾਜ ਦੇ ਲੇਖੇ ਦੀ ਬਾਕੀ, ਮੁਕਾ ਲੈਂਦੀ ਹੈ।
3146	78	ਮੁੰਧ ਇਆਣੀ ਪੇਈਅੜੈ ਗੁਰਮੁਖਿ ਹਰਿ ਦਰਸਨੁ ਦਿਖੈ॥੧॥	ਦਿਖੈ: ਪੋਲਾ ਬੋਲੋ	Mundhh Eiaanee Paeeearrai Guramukh Har Dharasan Dhikhai ||1||	The ignorant soul-bride becomes Gurmukh, and gains the Blessed Vision of the Lord's Darshan, while she is still in her father's house. ||1||	ਭੋਲੀ ਜੀਵ-ਇਸਤ੍ਰੀ ਪੇਕੇ ਘਰ ਵਿਚ (ਇਸ ਮਨੁੱਖਾ ਜਨਮ ਵਿਚ) ਗੁਰੂ ਦੀ ਸਰਨ ਪੈ ਕੇ ਪਰਮਾਤਮਾ-ਪਤੀ ਦਾ ਦਰਸਨ ਕਰ ਲੈਂਦੀ ਹੈ ॥੧॥

3147	78	ਵੀਆਹੁ ਹੋਆ ਮੇਰੇ ਬਾਬੁਲਾ ਗੁਰਮੁਖੇ ਹਰਿ ਪਾਇਆ॥		Veeaahu Hoaa Maerae Baabulaa Guramukhae Har Paaeiaa ||	My marriage has been performed, O my father. As Gurmukh, I have found the Lord.	ਹੇ ਮੇਰੇ ਪਿਤਾ! (ਪ੍ਰਭੂ-ਪਤੀ ਨਾਲ) ਮੇਰਾ ਵਿਆਹ ਹੋ ਗਿਆ ਹੈ, ਗੁਰੂ ਦੀ ਸਰਨ ਪੈ ਕੇ ਮੈਨੂੰ ਪ੍ਰਭੂ-ਪਤੀ ਮਿਲ ਪਿਆ ਹੈ।
3148	78	ਅਗਿਆਨੁ ਅੰਧੇਰਾ ਕਟਿਆ ਗੁਰ ਗਿਆਨੁ ਪ੍ਰਚੰਡੁ ਬਲਾਇਆ॥		Agiaan Andhhaeraa Kattiaa Gur Giaan Prachandd Balaaeiaa ||	The darkness of ignorance has been dispelled. The Guru has revealed the blazing light of spiritual wisdom.	ਗੁਰੂ ਦਾ ਬਖ਼ਸ਼ਿਆ ਹੋਇਆ ਗਿਆਨ (-ਰੂਪ ਸੂਰਜ ਇਤਨਾ) ਤੇਜ਼ ਜਗ-ਮਗ ਕਰ ਉਠਿਆ ਹੈ ਕਿ (ਮੇਰੇ ਅੰਦਰੋਂ) ਬੇ-ਸਮਝੀ ਦਾ ਹਨੇਰਾ ਦੂਰ ਹੋ ਗਿਆ ਹੈ।
3149	78	ਬਲਿਆ ਗੁਰ ਗਿਆਨੁ ਅੰਧੇਰਾ ਬਿਨਸਿਆ ਹਰਿ ਰਤਨੁ ਪਦਾਰਥੁ ਲਾਧਾ॥		Baliaa Gur Giaan Andhhaeraa Binasiaa Har Rathan Padhaarathh Laadhhaa ||	This spiritual wisdom given by the Guru shines forth, and the darkness has been dispelled. I have found the Priceless Jewel of the Lord.	ਗੁਰੂ ਦਾ ਦਿੱਤਾ ਗਿਆਨ (ਮੇਰੇ ਅੰਦਰ) ਚਮਕ ਪਿਆ ਹੈ (ਮਾਇਆ-ਮੋਹ ਦਾ) ਹਨੇਰਾ ਦੂਰ ਹੋ ਗਿਆ ਹੈ (ਉਸ ਚਾਨਣੀ ਦੀ ਬਰਕਤਿ ਨਾਲ ਮੈਨੂੰ) ਪਰਮਾਤਮਾ ਦਾ ਨਾਮ (-ਰੂਪ) ਕੀਮਤੀ ਰਤਨ ਲੱਭ ਪਿਆ ਹੈ।
3150	78	ਹਉਮੈ ਰੋਗੁ ਗਇਆ ਦੁਖੁ ਲਾਥਾ ਆਪੁ ਆਪੈ ਗੁਰਮਤਿ ਖਾਧਾ॥	ਗ–ਇਆ	Houmai Rog Gaeiaa Dhukh Laathhaa Aap Aapai Guramath Khaadhhaa ||	The sickness of my ego has been dispelled, and my pain is over and done. Through the Guru's Teachings, my identity has consumed my identical identity.	ਗੁਰੂ ਦੀ ਮਤਿ ਤੇ ਤੁਰਿਆਂ ਮੇਰਾ ਹਉਮੈ ਦਾ ਰੋਗ ਦੂਰ ਹੋ ਗਿਆ ਹੈ, ਹਉਮੈ ਦਾ ਦੁਖ ਮੁੱਕ ਗਿਆ ਹੈ, ਆਪੇ ਦੇ ਗਿਆਨ ਨਾਲ ਮੇਰਾ ਆਪਾ-ਭਾਵ ਖ਼ਤਮ ਹੋ ਗਿਆ ਹੈ।

3151	78	ਅਕਾਲ ਮੂਰਤਿ ਵਰੁ ਪਾਇਆ ਅਬਿਨਾਸੀ ਨਾ ਕਦੇ ਮਰੈ ਨ ਜਾਇਆ॥		Akaal Moorath Var Paaeiaa Abinaasee Naa Kadhae Marai N Jaaeiaa ||	I have obtained my Husband Lord, the Akaal Moorat, the Undying Form. He is Imperishable; He shall never die, and He shall never ever leave.	(ਗੁਰੂ ਦੀ ਸਰਨ ਪਿਆਂ) ਮੈਨੂੰ ਉਹ ਖਸਮ ਮਿਲ ਗਿਆ ਹੈ, ਜਿਸ ਦੀ ਹਸਤੀ ਨੂੰ ਕਦੇ ਕਾਲ ਪੋਹ ਨਹੀਂ ਸਕਦਾ, ਜੋ ਨਾਸ-ਰਹਿਤ ਹੈ, ਜੋ ਨਾਹ ਕਦੇ ਮਰਦਾ ਹੈ ਨਾਹ ਜੰਮਦਾ ਹੈ।
3152	78	ਵੀਆਹੁ ਹੋਆ ਮੇਰੇ ਬਾਬੋਲਾ ਗੁਰਮੁਖੇ ਹਰਿ ਪਾਇਆ॥੨॥		Veeaahu Hoaa Maerae Baabolaa Guramukhae Har Paaeiaa ||2||	My marriage has been performed, O my father. As Gurmukh, I have found the Lord. ||2||	ਹੇ ਮੇਰੇ ਪਿਤਾ! ਗੁਰੂ ਦੀ ਸਰਨ ਪੈ ਕੇ ਮੇਰਾ (ਪਰਮਾਤਮਾ-ਪਤੀ ਨਾਲ) ਵਿਆਹ ਹੋ ਗਿਆ ਹੈ, ਮੈਨੂੰ ਪਰਮਾਤਮਾ ਮਿਲ ਗਿਆ ਹੈ ॥੨॥
3153	78	ਹਰਿ ਸਤਿ ਸਤੇ ਮੇਰੇ ਬਾਬੁਲਾ ਹਰਿ ਜਨ ਮਿਲਿ ਜੰਞ ਸੁਹੰਦੀ॥	ਸੱਤਿ। ਸੱਤੇ।	Har Sath Sathae Maerae Baabulaa Har Jan Mil Jannj Suhandhee ||	The Lord is the Truest of the True, O my father. Meeting with the humble servants of the Lord, the marriage procession looks beautiful.	ਹੇ ਮੇਰੇ ਪਿਤਾ! ਪ੍ਰਭੂ-ਪਤੀ ਸਦਾ ਕਾਇਮ ਰਹਿਣ ਵਾਲਾ ਹੈ, ਸਦਾ ਕਾਇਮ ਰਹਿਣ ਵਾਲਾ ਹੈ, (ਉਸ ਪਤੀ ਨਾਲ ਮਿਲਾਪ ਕਰਾਣ ਵਾਸਤੇ) ਉਸ ਪ੍ਰਭੂ ਦੇ ਭਗਤ ਜਨ ਮਿਲ ਕੇ (ਮਾਨੋ) ਸੋਹਣੀ ਜੰਞ ਬਣਦੇ ਹਨ।

3154	78	ਪੇਵਕੜੈ ਹਰਿ ਜਪਿ ਸੁਹੇਲੀ ਵਿਚਿ ਸਾਹੁਰੜੈ ਖਰੀ ਸੋਹੰਦੀ॥		Paevakarrai Har Jap Suhaelee Vich Saahurarrai Kharee Sohandhee ||	She who chants the Lord's Name is happy in this world of her father's home, and in the next world of her Husband Lord, she shall be very beautiful.	(ਜੀਵ-ਇਸਤ੍ਰੀ ਇਹਨਾਂ ਸਤਸੰਗੀਆਂ ਵਿਚ ਰਹਿ ਕੇ) ਪੇਕੇ ਘਰ ਵਿਚ (ਇਸ ਮਨੁੱਖਾ ਜਨਮ ਵਿਚ) ਪਰਮਾਤਮਾ ਦਾ ਨਾਮ ਜਪ ਕੇ ਸੁਖੀ ਜੀਵਨ ਬਤੀਤ ਕਰਦੀ ਹੈ, ਤੇ ਪਰਲੋਕ ਵਿਚ ਭੀ ਬਹੁਤ ਸੋਭਾ ਪਾਂਦੀ ਹੈ।
3155	78	ਸਾਹੁਰੜੈ ਵਿਚਿ ਖਰੀ ਸੋਹੰਦੀ ਜਿਨਿ ਪੇਵਕੜੈ ਨਾਮੁ ਸਮਾਲਿਆ॥		Saahurarrai Vich Kharee Sohandhee Jin Paevakarrai Naam Samaaliaa ||	In her Husband Lord's Celestial Home, she shall be most beautiful, if she has remembered the Naam in this world.	(ਇਹ ਯਕੀਨ ਜਾਣੋ ਕਿ) ਜਿਸ ਜੀਵ-ਇਸਤ੍ਰੀ ਨੇ ਪੇਕੇ ਘਰ ਵਿਚ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਇਆ ਹੈ, ਉਹ ਪਰਲੋਕ ਵਿਚ (ਜ਼ਰੂਰ) ਸੋਭਾ ਖੱਟਦੀ ਹੈ।
3156	78	ਸਭੁ ਸਫਲਿਓ ਜਨਮੁ ਤਿਨਾ ਦਾ ਗੁਰਮੁਖਿ ਜਿਨਾ ਮਨੁ ਜਿਣਿ ਪਾਸਾ ਢਾਲਿਆ॥	(ਜਿਣਿ) ਜਿੱਤਣ ਰੂਪ। ਪੱਾਸਾ। ਢੱਾਲਿਆ।	Sabh Safaliou Janam Thinaa Dhaa Guramukh Jinaa Man Jin Paasaa Dtaaliaa ||	Fruitful are the lives of those who, as Gurmukh, have conquered their minds-they have won the game of life.	ਗੁਰੂ ਦੀ ਸਰਨ ਪੈ ਕੇ ਉਹਨਾਂ ਜੀਵ-ਇਸਤ੍ਰੀਆਂ ਦਾ ਜੀਵਨ ਕਾਮਯਾਬ ਹੋ ਜਾਂਦਾ ਹੈ, ਜਿਨ੍ਹਾਂ ਨੇ ਆਪਣਾ ਮਨ ਜਿੱਤ ਕੇ (ਵੱਸ ਵਿਚ ਲਿਆ ਕੇ) ਚੌਪੜ-ਰੂਪ ਇਹ ਜੀਵਨ-ਖੇਡ ਖੇਡੀ ਹੈ।
3157	78	ਹਰਿ ਸੰਤ ਜਨਾ ਮਿਲਿ ਕਾਰਜੁ ਸੋਹਿਆ ਵਰੁ ਪਾਇਆ ਪੁਰਖੁ ਅਨੰਦੀ॥		Har Santh Janaa Mil Kaaraj Sohiaa Var Paaeiaa Purakh Anandhee ||	Joining with the humble Saints of the Lord, my actions bring prosperity, and I have obtained the Lord of Bliss as my Husband.	ਪਰਮਾਤਮਾ ਦਾ ਭਜਨ ਕਰਨ ਵਾਲੇ ਗੁਰਮੁਖਾਂ ਨਾਲ ਮਿਲ ਕੇ ਪਰਮਾਤਮਾ-ਪਤੀ ਨਾਲ ਸੋਹਣਾ ਮਿਲਾਪ ਹੋ ਜਾਂਦਾ ਹੈ, ਉਹ ਸਰਬ-ਵਿਆਪਕ ਤੇ ਆਨੰਦ ਦਾ ਸੋਮਾ ਖਸਮ-ਪ੍ਰਭੂ ਮਿਲ ਪੈਂਦਾ ਹੈ।

3158	78	ਹਰਿ ਸਤਿ ਸਤਿ ਮੇਰੇ ਬਾਬੋਲਾ ਹਰਿ ਜਨ ਮਿਲਿ ਜੰਞ ਸੋਹੰਦੀ॥੩॥		Har Sath Sath Maerae Baabolaa Har Jan Mil Jannj Suohandhee ||3||	The Lord is the Truest of the True, O my father. Joining with the humble servants of the Lord, the marriage party has been embellished. ||3||	ਹੇ ਮੇਰੇ ਪਿਤਾ! ਪ੍ਰਭੂ-ਪਤੀ ਸਦਾ ਕਾਇਮ ਰਹਿਣ ਵਾਲਾ ਹੈ, ਸਦਾ ਕਾਇਮ ਰਹਿਣ ਵਾਲਾ ਹੈ, (ਉਸ ਪਤੀ ਨਾਲ ਮਿਲਾਪ ਕਰਾਣ ਵਾਸਤੇ) ਉਸ ਪ੍ਰਭੂ ਦੇ ਭਗਤ ਜਨ ਮਿਲ ਕੇ (ਮਾਨੋ) ਸੋਹਣੀ ਜੰਞ ਬਣਦੇ ਹਨ ॥੩॥
3159	78	ਹਰਿ ਪ੍ਰਭੁ ਮੇਰੇ ਬਾਬੁਲਾ ਹਰਿ ਦੇਵਹੁ ਦਾਨੁ ਮੈ ਦਾਜੋ॥	(ਬਾਬੁਲਾ) ਹੇ ਪਰਮਪੂਜਨੀਕ ਪਿਤਾ ਜੀ! ਦੱਾਜੋ	Har Prabh Maerae Baabulaa Har Dhaevahu Dhaan Mai Dhaajo ||	O my father, give me the Name of the Lord God as my wedding gift and dowry.	ਹੇ ਮੇਰੇ ਪਿਤਾ! (ਮੈਂ ਤੈਥੋਂ ਦਾਜ ਮੰਗਦੀ ਹਾਂ) ਮੈਨੂੰ ਹਰੀ-ਪ੍ਰਭੂ ਦੇ ਨਾਮ ਦਾ ਦਾਨ ਦੇਹ, ਮੈਨੂੰ ਇਹੀ ਦਾਜ ਦੇਹ।
3160	79	ਹਰਿ ਕਪੜੋ ਹਰਿ ਸੋਭਾ ਦੇਵਹੁ ਜਿਤੁ ਸਵਰੈ ਮੇਰਾ ਕਾਜੋ॥		Har Kaparro Har Sobhaa Dhaevahu Jith Savarai Maeraa Kaajo ||	Give me the Lord as my wedding gown, and the Lord as my glory, to accomplish my works.	ਮੈਨੂੰ ਹਰੀ ਦਾ ਨਾਮ ਹੀ (ਦਾਜ ਦੇ) ਕੱਪੜੇ ਦੇਹ, ਮੈਨੂੰ ਹਰੀ ਦਾ ਨਾਮ ਹੀ (ਦਾਜ ਦੇ ਗਹਿਣੇ ਆਦਿਕ) ਧਨ ਦੇਹ, ਇਸੇ ਦਾਜ ਨਾਲ ਮੇਰਾ (ਪ੍ਰਭੂ-ਪਤੀ ਨਾਲ) ਵਿਆਹ ਸੋਹਣਾ ਲੱਗਣ ਲੱਗ ਪਏ।
3161	79	ਹਰਿ ਹਰਿ ਭਗਤੀ ਕਾਜੁ ਸੁਹੇਲਾ ਗੁਰਿ ਸਤਿਗੁਰਿ ਦਾਨੁ ਦਿਵਾਇਆ॥		Har Har Bhagathee Kaaj Suhaelaa Gur Sathigur Dhaan Dhivaaeiaa ||	Through devotional worship to the Lord, this ceremony is made blissful and beautiful; the Guru, the True Guru, has given this gift.	ਪਰਮਾਤਮਾ ਦੀ ਭਗਤੀ ਨਾਲ ਹੀ (ਪਰਮਾਤਮਾ ਨਾਲ) ਵਿਆਹ ਦਾ ਉੱਦਮ ਸੁਖਦਾਈ ਬਣਦਾ ਹੈ। (ਜਿਸ ਜੀਵ-ਮੁਟਿਆਰ ਨੂੰ) ਗੁਰੂ ਨੇ ਸਤਿਗੁਰੂ ਨੇ ਇਹ ਦਾਨ (ਇਹ ਦਾਜ) ਦਿਵਾਇਆ ਹੈ,

3162	79	ਖੰਡਿ ਵਰਭੰਡਿ ਹਰਿ ਸੋਭਾ ਹੋਈ ਇਹੁ ਦਾਨੁ ਨ ਰਲੈ ਰਲਾਇਆ॥		Khandd Varabhandd Har Sobhaa Hoee Eihu Dhaan N Ralai Ralaaeiaa ||	Across the continents, and throughout the Universe, the Lord's Glory is pervading. This gift is not diminished by being diffused among all.	ਹਰੀ-ਨਾਮ ਦੇ ਦਾਜ ਨਾਲ ਉਸ ਦੀ ਸੋਭਾ (ਉਸ ਦੇ) ਦੇਸ ਵਿਚ ਸੰਸਾਰ ਵਿਚ ਹੋ ਜਾਂਦੀ ਹੈ। ਇਹ ਦਾਜ ਐਸਾ ਹੈ ਕਿ ਇਸ ਨਾਲ ਹੋਰ ਕੋਈ ਦਾਜ ਬਰਾਬਰੀ ਨਹੀਂ ਕਰ ਸਕਦਾ।
3163	79	ਹੋਰਿ ਮਨਮੁਖ ਦਾਜੁ ਜਿ ਰਖਿ ਦਿਖਾਲਹਿ ਸੁ ਕੂੜੁ ਅਹੰਕਾਰੁ ਕਚੁ ਪਾਜੋ॥	ਅਹੰ-ਕਾਰੁ। ਪੱਾਜੋ।	Hor Manamukh Dhaaj J Rakh Dhikhaalehi S Koorr Ahankaar Kach Paajo ||	Any other dowry, which the self-willed manmukhs offer for show, is only false egotism and a worthless display.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਹੋਰ ਬੰਦੇ ਜਿਹੜਾ ਦਾਜ ਰੱਖ ਕੇ ਵਿਖਾਲਦੇ ਹਨ (ਵਿਖਾਲਾ ਪਾਂਦੇ ਹਨ) ਉਹ ਝੂਠਾ ਅਹੰਕਾਰ (ਪੈਦਾ ਕਰਨ ਵਾਲਾ) ਹੈ ਉਹ ਕੱਚ (ਸਮਾਨ) ਹੈ, ਉਹ (ਨਿਰਾ) ਵਿਖਾਵਾ ਹੀ ਹੈ।
3164	79	ਹਰਿ ਪ੍ਰਭ ਮੇਰੇ ਬਾਬੁਲਾ ਹਰਿ ਦੇਵਹੁ ਦਾਨੁ ਮੈ ਦਾਜੋ॥੪॥		Har Prabh Maerae Baabulaa Har Dhaevahu Dhaan Mai Dhaajo ||4||	O my father, please give me the Name of the Lord God as my wedding gift and dowry. ||4||	ਹੇ ਮੇਰੇ ਪਿਤਾ! ਮੈਨੂੰ ਹਰੀ-ਪ੍ਰਭੂ ਦੇ ਨਾਮ ਦਾ ਦਾਨ ਦੇਹ, ਮੈਨੂੰ ਇਹੀ ਦਾਜ ਦੇਹ ॥੪॥

3165	79	ਹਰਿ ਰਾਮ ਰਾਮ ਮੇਰੇ ਬਾਬੋਲਾ ਪਿਰ ਮਿਲਿ ਧਨ ਵੇਲ ਵਧੰਦੀ॥	ਬਾਬੋਲਾ: ਹੋੜਾ ਬੋਲੋ।	Har Raam Raam Maerae Baabolaa Pir Mil Dhhan Vael Vadhhandhee ||	The Lord, Raam, Raam, is All-pervading, O my father. Meeting her Husband Lord, the soul-bride blossoms forth like the flourishing vine.	ਹੇ ਮੇਰੇ ਪਿਤਾ! ਹਰੀ-ਪਤੀ ਨਾਲ ਰਾਮ ਪਤੀ ਨਾਲ ਮਿਲ ਕੇ ਜੀਵ-ਇਸਤ੍ਰੀ ਦੀ ਪੀੜ੍ਹੀ ਚੱਲ ਪੈਂਦੀ ਹੈ।
3166	79	ਹਰਿ ਜੁਗਹ ਜੁਗੋ ਜੁਗ ਜੁਗਹ ਜੁਗੋ ਸਦ ਪੀੜੀ ਗੁਰੂ ਚਲੰਦੀ॥	ਪੀੜ੍ਹੀਜੁੱਗਹ ਜੁੱਗੋ, ਜੁੱਗ ਜੁੱਗਹ ਜੁੱਗੋ	Har Jugeh Jugo Jug Jugeh Jugo Sadh Peerree Guroo Chalandhee ||	In age after age, through all the ages, forever and ever, those who belong to the Guru's Family shall prosper and increase.	ਅਨੇਕਾਂ ਜੁਗਾਂ ਤੋਂ ਸਦਾ ਤੋਂ ਹੀ ਗੁਰੂ ਦੀ ਪ੍ਰਭੂ-ਪਤੀ ਦੀ ਪੀੜ੍ਹੀ ਚਲੀ ਆਉਂਦੀ ਹੈ।
3167	79	ਜੁਗਿ ਜੁਗਿ ਪੀੜੀ ਚਲੈ ਸਤਿਗੁਰ ਕੀ ਜਿਨੀ ਗੁਰਮੁਖਿ ਨਾਮੁ ਧਿਆਇਆ॥		Jug Jug Peerree Chalai Sathigur Kee Jinee Guramukh Naam Dhhiaaeiaa ||	Age after age, the Family of the True Guru shall increase. As Gurmukh, they meditate on the Naam, the Name of the Lord.	ਹਰੇਕ ਜੁਗ ਵਿਚ ਸਤਿਗੁਰੂ ਦੀ ਪੀੜ੍ਹੀ (ਨਾਦੀ ਸੰਤਾਨ) ਚੱਲ ਪੈਂਦੀ ਹੈ, ਜਿਨ੍ਹਾਂ ਨੇ ਗੁਰੂ ਨੂੰ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਿਆ ਹੈ (ਉਹ ਗੁਰੂ ਦੀ ਪੀੜ੍ਹੀ ਹਨ, ਉਹ ਗੁਰੂ ਦੀ ਨਾਦੀ ਸੰਤਾਨ ਹਨ)।
3168	79	ਹਰਿ ਪੁਰਖੁ ਨ ਕਬ ਹੀ ਬਿਨਸੈ ਜਾਵੈ ਨਿਤ ਦੇਵੈ ਚੜੈ ਸਵਾਇਆ॥		Har Purakh N Kab Hee Binasai Jaavai Nith Dhaevai Charrai Savaaeiaa ||	The Almighty Lord never dies or goes away. Whatever He gives, keeps on increasing.	ਪਰਮਾਤਮਾ ਐਸਾ ਪਤੀ ਹੈ, ਜੋ ਕਦੇ ਭੀ ਨਾਸ਼ ਨਹੀਂ ਹੁੰਦਾ, ਜੋ ਕਦੇ ਭੀ ਨਹੀਂ ਮਰਦਾ। ਉਹ ਸਦਾ ਦਾਤਾਂ ਬਖ਼ਸ਼ਦਾ ਹੈ, ਉਸ ਦੀ ਦਾਤ ਸਦਾ ਵਧਦੀ ਰਹਿੰਦੀ ਹੈ।

3169	79	ਨਾਨਕ ਸੰਤ ਸੰਤ ਹਰਿ ਏਕੋ ਜਪਿ ਹਰਿ ਹਰਿ ਨਾਮੁ ਸੋਹੰਦੀ॥		Naanak Santh Santh Har Eaeko Jap Har Har Naam Sohandhee ||	O Nanak, the One Lord is the Saint of Saints. Chanting the Name of the Lord, Har, Har, the soul-bride is bountiful and beautiful.	ਹੇ ਨਾਨਕ! ਭਗਤ ਜਨ ਤੇ ਭਗਤਾਂ ਦਾ (ਪਿਆਰਾ) ਪ੍ਰਭੂ ਇਕ-ਰੂਪ ਹਨ। ਪਰਮਾਤਮਾ ਦਾ ਨਾਮ ਜਪ ਜਪ ਕੇ ਜੀਵ-ਇਸਤ੍ਰੀ ਸੋਹਣੇ ਜੀਵਨ ਵਾਲੀ ਬਣ ਜਾਂਦੀ ਹੈ।
3170	79	ਹਰਿ ਰਾਮ ਰਾਮ ਮੇਰੇ ਬਾਬੁਲਾ ਪਿਰ ਮਿਲਿ ਧਨ ਵੇਲ ਵਧੰਦੀ॥੫॥੧॥		Har Raam Raam Maerae Baabulaa Pir Mil Dhhan Vael Vadhhandhee ||5||1||	The Lord, Raam, Raam, is All-pervading, O my father. Meeting her Husband Lord, the soul-bride blossoms forth like the flourishing vine. ||5||1||	ਹੇ ਮੇਰੇ ਪਿਤਾ! ਹਰੀ-ਪਤੀ ਨਾਲ ਰਾਮ ਪਤੀ ਨਾਲ ਮਿਲਕੇ ਜੀਵ-ਇਸਤ੍ਰੀ ਦੀ ਪੀੜ੍ਹੀ ਚੱਲ ਪੈਂਦੀ ਹੈ (ਭਾਵ, ਉਸ ਦੀ ਸੰਗਤਿ ਵਿਚ ਰਹਿ ਕੇ ਹੋਰ ਅਨੇਕਾਂ ਜੀਵ ਸਿਮਰਨ ਦੇ ਰਾਹੇ ਪੈ ਜਾਂਦੇ ਹਨ) ॥੫॥੧॥
3171	79	ਸਿਰੀਰਾਗੁ ਮਹਲਾ ੫ ਛੰਤ		Sireeraag Mehalaa 5 Shhantha	Siree Raag, Fifth Mehl, Chhant:	
3172	79	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	
3173	79	ਮਨ ਪਿਆਰਿਆ ਜੀਉ ਮਿਤ੍ਰਾ ਗੋਬਿੰਦ ਨਾਮੁ ਸਮਾਲੇ॥		Man Piaariaa Jeeo Mithraa Gobindh Naam Samaalae ||	O dear beloved mind, my friend, reflect upon the Name of the Lord of the Universe.	ਹੇ (ਮੇਰੇ) ਪਿਆਰੇ ਮਨ! ਹੇ (ਮੇਰੇ) ਮਿਤ੍ਰ ਮਨ! ਪਰਮਾਤਮਾ ਦਾ ਨਾਮ (ਆਪਣੇ ਅੰਦਰ) ਸਾਂਭ ਕੇ ਰੱਖ।

3174	79	ਮਨ ਪਿਆਰਿਆ ਜੀ ਮਿਤ੍ਰਾ ਹਰਿ ਨਿਬਹੈ ਤੇਰੈ ਨਾਲੇ॥		Man Piaariaa Jee Mithraa Har Nibehai Thaerai Naalae ||	O dear beloved mind, my friend, the Lord shall always be with you.	ਹੇ ਪਿਆਰੇ ਮਨ! ਹੇ ਮਿਤ੍ਰ ਮਨ! ਇਹ ਹਰਿ-ਨਾਮ (ਸਦਾ) ਤੇਰੇ ਨਾਲ ਸਾਥ ਨਿਬਾਹੇਗਾ।
3175	79	ਸੰਗਿ ਸਹਾਈ ਹਰਿ ਨਾਮੁ ਧਿਆਈ ਬਿਰਥਾ ਕੋਇ ਨ ਜਾਏ॥		Sang Sehaaee Har Naam Dhhiaaee Birathhaa Koe N Jaaeae ||	The Name of the Lord shall be with you as your Helper and Support. Meditate on Him-no one who does so shall ever return empty-handed.	(ਹੇ ਮਨ!) ਪਰਮਾਤਮਾ ਦਾ ਨਾਮ ਸਿਮਰ, (ਇਹੀ ਤੇਰੇ) ਨਾਲ (ਰਹੇਗਾ, ਇਹੀ ਤੇਰਾ) ਸਾਥੀ (ਰਹੇਗਾ। ਜੇਹੜਾ ਭੀ ਮਨੁੱਖ ਇਹੀ ਹਰਿ-ਨਾਮ ਸਿਮਰਦਾ ਹੈ) ਉਹ ਦੁਨੀਆ ਤੋਂ ਖ਼ਾਲੀ (-ਹੱਥ) ਨਹੀਂ ਜਾਂਦਾ।
3176	79	ਮਨ ਚਿੰਦੇ ਸੇਈ ਫਲ ਪਾਵਹਿ ਚਰਣਕਮਲ ਚਿਤੁ ਲਾਏ॥		Man Chindhae Saeee Fal Paavehi Charan Kamal Chith Laaeae ||	You shall obtain the fruits of your mind's desires, by focusing your consciousness on the Lord's Lotus Feet.	(ਹੇ ਭਾਈ!) ਪਰਮਾਤਮਾ ਦੇ ਸੋਹਣੇ ਚਰਨਾਂ ਵਿਚ ਚਿੱਤ ਜੋੜ, ਤੂੰ ਸਾਰੇ ਮਨ ਇੱਛਤ ਫਲ ਪ੍ਰਾਪਤ ਕਰ ਲਏਂਗਾ।
3177	79	ਜਲਿ ਥਲਿ ਪੂਰਿ ਰਹਿਆ ਬਨਵਾਰੀ ਘਟਿ ਘਟਿ ਨਦਰਿ ਨਿਹਾਲੇ॥		Jal Thhal Poor Rehiaa Banavaaree Ghatt Ghatt Nadhar Nihaalae ||	He is totally pervading the water and the land; He is the Lord of the World-forest. Behold Him in exaltation in each and every heart.	(ਹੇ ਮੇਰੇ ਮਨ!) ਜਗਤ ਦਾ ਮਾਲਕ ਪ੍ਰਭੂ ਜਲ ਵਿਚ ਧਰਤੀ ਵਿਚ ਹਰ ਥਾਂ ਭਰਪੂਰ ਹੈ, ਉਹ ਹਰੇਕ ਸਰੀਰ ਵਿਚ (ਵਿਆਪਕ ਹੋ ਕੇ ਮਿਹਰ ਦੀ) ਨਿਗਾਹ ਨਾਲ (ਹਰੇਕ ਨੂੰ) ਵੇਖਦਾ ਹੈ।

3178	79	ਨਾਨਕੁ ਸਿਖ ਦੇਇ ਮਨ ਪ੍ਰੀਤਮ ਸਾਧਸੰਗਿ ਭ੍ਰਮੁ ਜਾਲੇ॥੧॥	ਸਿੱਖ	Naanak Sikh Dhaee Man Preetham Saadhhasang Bhram Jaalae ||1||	Nanak gives this advice: O beloved mind, in the Company of the Holy, burn away your doubts. ||1||	ਹੇ ਪਿਆਰੇ ਮਨ! ਨਾਨਕ (ਤੈਨੂੰ) ਸਿੱਖਿਆ ਦੇਂਦਾ ਹੈ-ਸਾਧ ਸੰਗਤਿ ਵਿਚ ਰਹਿ ਕੇ ਆਪਣੀ ਭਟਕਣਾ ਨਾਸ ਕਰ ॥੧॥
3179	79	ਮਨ ਪਿਆਰਿਆ ਜੀ ਮਿਤ੍ਰਾ ਹਰਿ ਬਿਨੁ ਝੂਠੁ ਪਸਾਰੇ॥		Man Piaariaa Jee Mithraa Har Bin Jhooth Pasaarae ||	O dear beloved mind, my friend, without the Lord, all outward show is false.	ਹੇ ਮੇਰੇ ਪਿਆਰੇ ਮਨ! ਹੇ ਮੇਰੇ ਮਿਤ੍ਰ ਮਨ! ਪਰਮਾਤਮਾ ਤੋਂ ਬਿਨਾ (ਹੋਰ ਕੋਈ ਸਦਾ ਸਾਥ ਨਿਬਾਹੁਣ ਵਾਲਾ ਨਹੀਂ ਹੈ), ਇਹ ਸਾਰਾ ਜਗਤ-ਪਸਾਰਾ ਸਦਾ ਸਾਥ ਨਿਬਾਹੁਣ ਵਾਲਾ ਨਹੀਂ।
3180	79	ਮਨ ਪਿਆਰਿਆ ਜੀਉ ਮਿਤ੍ਰਾ ਬਿਖੁ ਸਾਗਰੁ ਸੰਸਾਰੇ॥		Man Piaariaa Jeeo Mithraa Bikh Saagar Sansaarae ||	O dear beloved mind, my friend, the world is an ocean of poison.	ਹੇ ਪਿਆਰੇ ਮਨ! ਇਹ ਸੰਸਾਰ (ਇਕ) ਸਮੁੰਦਰ (ਹੈ ਜੋ) ਜ਼ਹਰ (ਨਾਲ ਭਰਿਆ ਹੋਇਆ) ਹੈ।
3181	79	ਚਰਣਕਮਲ ਕਰਿ ਬੋਹਿਥੁ ਕਰਤੇ ਸਹਸਾ ਦੂਖੁ ਨ ਬਿਆਪੈ॥		Charan Kamal Kar Bohithh Karathae Sehasaa Dhookh N Biaapai ||	Let the Lord's Lotus Feet be your Boat, so that pain and skepticism shall not touch you.	(ਹੇ ਮਨ!) ਕਰਤਾਰ ਦੇ ਸੋਹਣੇ ਚਰਨਾਂ ਨੂੰ ਜਹਾਜ਼ ਬਣਾ (ਇਸ ਦੀ ਬਰਕਤਿ ਨਾਲ) ਕੋਈ ਸਹਮ ਕੋਈ ਦੁੱਖ ਆਪਣਾ ਜ਼ੋਰ ਨਹੀਂ ਪਾ ਸਕਦਾ।
3182	79	ਗੁਰੁ ਪੂਰਾ ਭੇਟੈ ਵਡਭਾਗੀ ਆਠ ਪਹਰ ਪ੍ਰਭੁ ਜਾਪੈ॥		Gur Pooraa Bhaettai Vaddabhaagee Aath Pehar Prabh Jaapai ||	Meeting with the Perfect Guru, by great good fortune, meditate on God twenty-four hours a day.	(ਪਰ ਜੀਵ ਦੇ ਵੱਸ ਦੀ ਗੱਲ ਨਹੀਂ) ਜਿਸ ਵੱਡੇ ਭਾਗਾਂ ਵਾਲੇ ਨੂੰ ਪੂਰਾ ਗੁਰੂ ਮਿਲਦਾ ਹੈ, ਉਹ ਪ੍ਰਭੂ ਨੂੰ ਅੱਠੇ ਪਹਰ ਸਿਮਰਦਾ ਹੈ।

3183	79	ਆਦਿ ਜੁਗਾਦੀ ਸੇਵਕ ਸੁਆਮੀ ਭਗਤਾ ਨਾਮੁ ਅਧਾਰੇ॥	ਜੁੱਗਾਦੀ	Aadh Jugaadhee Saevak Suaamee Bhagathaa Naam Adhhaarae ||	From the very beginning, and throughout the ages, He is the Lord and Master of His servants. His Name is the Support of His devotees.	ਆਦਿ ਤੋਂ ਹੀ, ਜੁਗਾਂ ਦੇ ਆਦਿ ਤੋਂ ਹੀ, (ਪਰਮਾਤਮਾ ਆਪਣੇ) ਸੇਵਕਾਂ ਦਾ ਰਾਖਾ (ਚਲਿਆ ਆ ਰਿਹਾ) ਹੈ, (ਪਰਮਾਤਮਾ ਦੇ) ਭਗਤਾਂ ਲਈ ਪਰਮਾਤਮਾ ਦਾ ਨਾਮ (ਸਦਾ ਹੀ) ਜ਼ਿੰਦਗੀ ਦਾ ਸਹਾਰਾ ਹੈ।
3184	79	ਨਾਨਕੁ ਸਿਖ ਦੇਇ ਮਨ ਪ੍ਰੀਤਮ ਬਿਨੁ ਹਰਿ ਝੂਠ ਪਸਾਰੇ॥੨॥	ਸਿੱਖ। ਦੇ-ਇ।	Naanak Sikh Dhaee Man Preetham Bin Har Jhooth Pasaarae ||2||	Nanak gives this advice: O beloved mind, without the Lord, all outward show is false. ||2||	ਹੇ ਪਿਆਰੇ ਮਨ! ਨਾਨਕ (ਤੈਨੂੰ) ਸਿੱਖਿਆ ਦੇਂਦਾ ਹੈ-ਪਰਮਾਤਮਾ ਦੇ ਨਾਮ ਤੋਂ ਬਿਨਾ ਬਾਕੀ ਸਾਰੇ ਜਗਤ-ਖਿਲਾਰੇ ਤੋੜ ਸਾਥ ਨਿਬਾਹੁਣ ਵਾਲੇ ਨਹੀਂ ਹਨ ॥੨॥
3185	79	ਮਨ ਪਿਆਰਿਆ ਜੀਉ ਮਿਤ੍ਰਾ ਹਰਿ ਲਦੇ ਖੇਪ ਸਵਲੀ॥	ਲੱਦੇ। (ਸਵੱਲੀ) ਸਸਤੀ।	Man Piaariaa Jeeo Mithraa Har Ladhae Khaep Savalee ||	O dear beloved mind, my friend, load the profitable cargo of the Lord's Name.	ਹੇ ਪਿਆਰੇ ਮਨ! ਹੇ ਮਿਤ੍ਰ! ਪਰਮਾਤਮਾ ਦੇ ਨਾਮ ਦਾ ਸੌਦਾ ਵਿਹਾਝ, ਇਹ ਸੌਦਾ ਨਫ਼ਾ ਦੇਣ ਵਾਲਾ ਹੈ।
3186	79	ਮਨ ਪਿਆਰਿਆ ਜੀਉ ਮਿਤ੍ਰਾ ਹਰਿ ਦਰੁ ਨਿਹਚਲੁ ਮਲੀ॥	ਮੱਲੀ	Man Piaariaa Jeeo Mithraa Har Dhar Nihachal Malee ||	O dear beloved mind, my friend, enter through the eternal Door of the Lord.	ਹੇ ਪਿਆਰੇ ਮਨ! ਹੇ ਮਿਤ੍ਰ ਮਨ! ਪਰਮਾਤਮਾ ਦਾ ਦਰਵਾਜ਼ਾ ਮੱਲੀ ਰੱਖ, ਇਹੀ ਦਰਵਾਜ਼ਾ ਅਟੱਲ ਹੈ।

3187	79	ਹਰਿ ਦਰੁ ਸੇਵੇ ਅਲਖ ਅਭੇਵੇ ਨਿਹਚਲੁ ਆਸਣੁ ਪਾਇਆ॥	ਅ-ਲਖ: ਪੋਲਾ ਬੋਲੋ	Har Dhar Saevae Alakh Abhaevae Nihachal Aasan Paaeiaa ||	One who serves at the Door of the Imperceptible and Unfathomable Lord, obtains this eternal position.	ਜੋ ਮਨੁੱਖ ਉਸ ਪਰਮਾਤਮਾ ਦਾ ਦਰ ਮੱਲਦਾ ਹੈ ਜੋ ਅਦ੍ਰਿਸ਼ਟ ਹੈ ਤੇ ਜਿਸ ਦਾ ਭੇਤ ਨਹੀਂ ਪਾਇਆ ਜਾ ਸਕਦਾ, ਉਹ ਮਨੁੱਖ ਐਸਾ (ਆਤਮਕ) ਟਿਕਾਣਾ ਹਾਸਲ ਕਰ ਲੈਂਦਾ ਹੈ ਜੋ ਕਦੇ ਡੋਲਦਾ ਨਹੀਂ।
3188	79	ਤਹ ਜਨਮ ਨ ਮਰਣੁ ਨ ਆਵਣ ਜਾਣਾ ਸੰਸਾ ਦੂਖੁ ਮਿਟਾਇਆ॥		Theh Janam N Maran N Aavan Jaanaa Sansaa Dhookh Mittaaeiaa ||	There is no birth or death there, no coming or going; anguish and anxiety are ended.	ਉਸ ਆਤਮਕ ਟਿਕਾਣੇ ਪਹੁੰਚਿਆਂ ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ, ਮਨੁੱਖ ਹਰੇਕ ਕਿਸਮ ਦਾ ਸਹਮ ਤੇ ਦੁੱਖ ਮਿਟਾ ਲੈਂਦਾ ਹੈ।
3189	79	ਚਿਤ੍ਰ ਗੁਪਤ ਕਾ ਕਾਗਦੁ ਫਾਰਿਆ ਜਮਦੂਤਾ ਕਛੂ ਨ ਚਲੀ॥	ਚੱਲੀ	Chithr Gupath Kaa Kaagadh Faariaa Jamadhoothaa Kashhoo N Chalee ||	The accounts of Chitr and Gupt, the recording scribes of the conscious and the subconscious are torn up, and the Messenger of Death cannot do anything.	(ਉਸ ਆਤਮਕ ਟਿਕਾਣੇ ਤੇ ਪਹੁੰਚਿਆ ਮਨੁੱਖ ਧਰਮਰਾਜ ਦੇ ਥਾਪੇ ਹੋਏ) ਚਿਤ੍ਰ ਗੁਪਤ ਦਾ ਲੇਖਾ ਪਾੜ ਦੇਂਦਾ ਹੈ (ਭਾਵ, ਕੋਈ ਮੰਦੇ ਕਰਮ ਕਰਦਾ ਹੀ ਨਹੀਂ ਜਿਨ੍ਹਾਂ ਨੂੰ ਚਿਤ੍ਰ ਗੁਪਤ ਲਿਖ ਸਕਣ), ਜਮਦੂਤਾਂ ਦਾ ਕੋਈ ਜ਼ੋਰ ਉਸ ਉੱਤੇ ਨਹੀਂ ਪੈ ਸਕਦਾ।
3190	79	ਨਾਨਕੁ ਸਿਖ ਦੇਇ ਮਨ ਪ੍ਰੀਤਮ ਹਰਿ ਲਦੇ ਖੇਪ ਸਵਲੀ॥੩॥	(ਸਵੱਲੀ) ਸਸਤੀ। ਲੱਦੇ।	Naanak Sikh Dhaee Man Preetham Har Ladhae Khaep Savalee ||3||	Nanak gives this advice: O beloved mind, load the profitable cargo of the Lord's Name. ||3||	(ਇਸ ਵਾਸਤੇ) ਹੇ ਪਿਆਰੇ ਮਨ! ਨਾਨਕ (ਤੈਨੂੰ) ਸਿੱਖਿਆ ਦੇਂਦਾ ਹੈ ਕਿ ਪਰਮਾਤਮਾ ਦੇ ਨਾਮ ਦਾ ਸੌਦਾ ਵਿਹਾਝ, ਇਹੀ ਸੌਦਾ ਨਫ਼ੇ ਵਾਲਾ ਹੈ ॥੩॥

3191	79	ਮਨ ਪਿਆਰਿਆ ਜੀਉ ਮਿਤ੍ਰਾ ਕਰਿ ਸੰਤਾ ਸੰਗਿ ਨਿਵਾਸੋ॥		Man Piaariaa Jeeo Mithraa Kar Santhaa Sang Nivaaso ||	O dear beloved mind, my friend, abide in the Society of the Saints.	ਹੇ ਪਿਆਰੇ ਮਨ! ਹੇ ਮਿਤ੍ਰ ਮਨ! ਗੁਰਮੁਖਾਂ ਦੀ ਸੰਗਤਿ ਵਿਚ ਆਪਣਾ ਬਹਣ-ਖਲੋਣ ਬਣਾ।
3192	79	ਮਨ ਪਿਆਰਿਆ ਜੀਉ ਮਿਤ੍ਰਾ ਹਰਿ ਨਾਮੁ ਜਪਤ ਪਰਗਾਸੋ॥		Man Piaariaa Jeeo Mithraa Har Naam Japath Paragaaso ||	O dear beloved mind, my friend, chanting the Lord's Name, the Divine Light shines within.	ਹੇ ਪਿਆਰੇ ਮਨ! ਹੇ ਮਿਤ੍ਰ ਮਨ! (ਗੁਰਮੁਖਾਂ ਦੀ ਸੰਗਤਿ ਵਿਚ) ਪਰਮਾਤਮਾ ਦਾ ਨਾਮ ਜਪਿਆਂ ਅੰਦਰ ਆਤਮਕ ਚਾਨਣ ਹੋ ਜਾਂਦਾ ਹੈ।
3193	79	ਸਿਮਰਿ ਸੁਆਮੀ ਸੁਖਹਗਾਮੀ ਇਛ ਸਗਲੀ ਪੁੰਨੀਆ॥	(ਪੁੰਨੀਆ) ਪੂਰੀ। ਸੁਖਹ-ਗਾਮੀ। ਪੁੰਨੀਆ: ਕੰਨੇ ਬਿੰਦੀ ਨਾ ਲਾਉ	Simar Suaamee Sukheh Gaamee Eishh Sagalee Punneeaa ||	Remember your Lord and Master, who is easily obtained, and all desires shall be fulfilled.	ਸੁਖ ਅਪੜਾਣ ਵਾਲੇ ਮਾਲਕ-ਪ੍ਰਭੂ ਨੂੰ ਸਿਮਰਿਆਂ ਸਾਰੀਆਂ ਇੱਛਾਵਾਂ ਪੂਰੀਆਂ ਹੋ ਜਾਂਦੀਆਂ ਹਨ।
3194	80	ਪੁਰਬੇ ਕਮਾਏ ਸ੍ਰੀਰੰਗ ਪਾਏ ਹਰਿ ਮਿਲੇ ਚਿਰੀ ਵਿਛੁੰਨਿਆ॥		Purabae Kamaaeae Sreerang Paaeae Har Milae Chiree Vishhunniaa ||	By my past actions, I have found the Lord, the Greatest Lover. Separated from Him for so long, I am united with Him again.	ਪਹਿਲੇ ਜਨਮ ਵਿਚ ਕੀਤੀ ਨੇਕ ਕਮਾਈ ਦੇ ਸੰਸਕਾਰਾਂ ਅਨੁਸਾਰ ਚਿਰ ਦਾ ਵਿੱਛੁੜਿਆ ਲੱਛਮੀ-ਪਤੀ ਪ੍ਰਭੂ (ਫਿਰ) ਮਿਲ ਪੈਂਦਾ ਹੈ।

3195	80	ਅੰਤਰਿ ਬਾਹਰਿ ਸਰਬਤਿ ਰਵਿਆ ਮਨਿ ਉਪਜਿਆ ਬਿਸੁਆਸੋ॥	ਬਾ-ਹਰਿ:ਹ ਮੁਕਤਾ, ਰ ਸਿਹਾਰੀ ਲਾ ਕੇ ।ਸਰ-ਬੱਤਿ	Anthar Baahar Sarabath Raviaa Man Oupajiaa Bisuaaso ||	Inside and out, He is pervading everywhere. Faith in Him has welled up within my mind.	(ਹੇ ਭਾਈ! ਗੁਰਮੁਖਾਂ ਦੀ ਸੰਗਤਿ ਵਿਚ ਰਹਿ ਕੇ ਸਿਮਰਨ ਕੀਤਿਆਂ) ਮਨ ਵਿਚ ਇਹ ਨਿਸ਼ਚਾ ਬਣ ਜਾਂਦਾ ਹੈ ਕਿ ਪਰਮਾਤਮਾ (ਜੀਵਾਂ ਦੇ) ਅੰਦਰ ਬਾਹਰ ਹਰ ਥਾਂ ਵਿਆਪਕ ਹੈ।
3196	80	ਨਾਨਕੁ ਸਿਖ ਦੇਇ ਮਨ ਪ੍ਰੀਤਮ ਕਰਿ ਸੰਤਾ ਸੰਗਿ ਨਿਵਾਸੋ॥੪॥		Naanak Sikh Dhaee Man Preetham Kar Santhaa Sang Nivaaso ||4||	Nanak gives this advice: O beloved mind, let the Society of the Saints be your dwelling. ||4||	ਹੇ ਪ੍ਰੀਤਮ ਮਨ! ਨਾਨਕ (ਤੈਨੂੰ) ਸਿੱਖਿਆ ਦੇਂਦਾ ਹੈ ਗੁਰਮੁਖਾਂ ਦੀ ਸੰਗਤਿ ਵਿਚ ਟਿਕਿਆ ਕਰ ॥੪॥
3197	80	ਮਨ ਪਿਆਰਿਆ ਜੀਉ ਮਿਤ੍ਰਾ ਹਰਿ ਪ੍ਰੇਮ ਭਗਤਿ ਮਨੁ ਲੀਨਾ॥		Man Piaariaa Jeeo Mithraa Har Praem Bhagath Man Leenaa ||	O dear beloved mind, my friend, let your mind remain absorbed in loving devotion to the Lord.	ਹੇ (ਮੇਰੇ) ਪਿਆਰੇ ਮਨ! ਹੇ (ਮੇਰੇ) ਮਿਤ੍ਰ ਮਨ! (ਜਿਸ ਮਨੁੱਖ ਦਾ) ਮਨ ਪਰਮਾਤਮਾ ਦੀ ਪ੍ਰੇਮਾ-ਭਗਤੀ ਵਿਚ ਮਸਤ ਰਹਿੰਦਾ ਹੈ,
3198	80	ਮਨ ਪਿਆਰਿਆ ਜੀਉ ਮਿਤ੍ਰਾ ਹਰਿ ਜਲ ਮਿਲਿ ਜੀਵੇ ਮੀਨਾ॥		Man Piaariaa Jeeo Mithraa Har Jal Mil Jeevae Meenaa ||	O dear beloved mind, my friend, the fish of the mind lives only when it is immersed in the Water of the Lord.	ਹੇ ਪਿਆਰੇ ਮਿਤ੍ਰ ਮਨ! ਉਹ ਮਨੁੱਖ ਪਰਮਾਤਮਾ ਨੂੰ ਮਿਲ ਕੇ (ਇਉਂ) ਆਤਮਕ ਜੀਵਨ ਹਾਸਲ ਕਰਦਾ ਹੈ (ਜਿਵੇਂ) ਮੱਛੀ ਪਾਣੀ ਨੂੰ ਮਿਲ ਕੇ ਜੀਉਂਦੀ ਹੈ।

3199	80	ਹਰਿ ਪੀ ਆਘਾਨੇ ਅੰਮ੍ਰਿਤ ਬਾਨੇ ਸ੍ਰਬ ਸੁਖਾ ਮਨ ਵੁਠੇ॥	(ਵੁੱਠੇ) ਵਸੇ	Har Pee Aaghaanae Anmrith Baanae Srab Sukhaa Man Vuthae ||	Drinking in the Lord's Ambrosial Bani, the mind is satisfied, and all pleasures come to abide within.	ਸਤਿਗੁਰੂ ਦੀ ਪ੍ਰਸੰਨਤਾ ਦਾ ਪਾਤਰ ਬਣ ਕੇ ਜੇਹੜਾ ਮਨੁੱਖ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਆਤਮਕ ਜੀਵਨ ਦੇਣ ਵਾਲੀ ਬਾਣੀ (-ਰੂਪ) ਪਾਣੀ ਪੀ ਕੇ (ਮਾਇਆ ਦੀ ਤ੍ਰੇਹ ਵਲੋਂ) ਰੱਜ ਜਾਂਦਾ ਹੈ, ਉਸ ਦੇ ਮਨ ਵਿਚ ਸਾਰੇ ਸੁਖ ਆ ਵੱਸਦੇ ਹਨ,
3200	80	ਸ੍ਰੀਧਰ ਪਾਏ ਮੰਗਲ ਗਾਏ ਇਛ ਪੁੰਨੀ ਸਤਿਗੁਰ ਤੁਠੇ॥	ਤੁੱਠੇ	Sreedhhar Paaeae Mangal Gaaeae Eishh Punnee Sathigur Thuthae ||	Attaining the Lord of Excellence, I sing the Songs of Joy. The True Guru, becoming merciful, has fulfilled my desires.	ਉਹ ਮਨੁੱਖ ਲੱਛਮੀ-ਪਤੀ ਪ੍ਰਭੂ ਦਾ ਮੇਲ ਹਾਸਲ ਕਰ ਲੈਂਦਾ ਹੈ, ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਹੈ, ਉਸ ਦੀਆਂ ਸਾਰੀਆਂ ਇੱਛਾਵਾਂ ਪੂਰੀਆਂ ਹੋ ਜਾਂਦੀਆਂ ਹਨ।
3201	80	ਲੜਿ ਲੀਨੇ ਲਾਏ ਨਉ ਨਿਧਿ ਪਾਏ ਨਾਉ ਸਰਬਸੁ ਠਾਕੁਰਿ ਦੀਨਾ॥	ਸਰਬਸੁ: ਪੋਲਾ ਬੋਲੋ ਮਿਲਵਾਂ	Larr Leenae Laaeae No Nidhh Paaeae Naao Sarabas Thaakur Dheenaa ||	He has attached me to the hem of His robe, and I have obtained the nine treasures. My Lord and Master has bestowed His Name, which is everything to me.	ਉਸ ਨੂੰ ਠਾਕੁਰ ਨੇ ਆਪਣੇ ਪੱਲੇ ਲਾ ਲਿਆ ਹੈ, ਠਾਕੁਰ ਪਾਸੋਂ ਉਸ ਨੂੰ (ਮਾਨੋ) ਨੌਂ ਹੀ ਖ਼ਜ਼ਾਨੇ ਮਿਲ ਗਏ ਹਨ ਕਿਉਂਕਿ ਠਾਕੁਰ ਨੇ ਉਸ ਨੂੰ ਆਪਣਾ ਨਾਮ ਦੇ ਦਿੱਤਾ ਹੈ ਜੋ (ਮਾਨੋ, ਜਗਤ ਦਾ) ਸਾਰਾ ਹੀ ਧਨ ਹੈ।

3202	80	ਨਾਨਕ ਸਿਖ ਸੰਤ ਸਮਝਾਈ ਹਰਿ ਪ੍ਰੇਮ ਭਗਤਿ ਮਨੁ ਲੀਨਾ॥੫॥੧॥੨॥	ਸਿੱਖ	Naanak Sikh Santh Samajhaaee Har Praem Bhagath Man Leenaa ||5||1||2||	Nanak instructs the Saints to teach, that the mind is imbued with loving devotion to the Lord. ||5||1||2||	ਹੇ ਨਾਨਕ! ਜਿਸ ਮਨੁੱਖ ਨੂੰ ਸੰਤ ਜਨਾਂ ਨੇ (ਪਰਮਾਤਮਾ ਦੇ ਸਿਮਰਨ ਦੀ) ਸਿੱਖਿਆ ਸਮਝਾ ਦਿੱਤੀ ਹੈ, ਉਸ ਦਾ ਮਨ ਪਰਮਾਤਮਾ ਦੀ ਪ੍ਰੇਮਾ-ਭਗਤੀ ਵਿਚ ਲੀਨ ਰਹਿੰਦਾ ਹੈ ॥੫॥੧॥੨॥
3203	80	ਸਿਰੀਰਾਗ ਕੇ ਛੰਤ ਮਹਲਾ ੫		Sireeraag Kae Shhanth Mehalaa 5	Chhants Of Siree Raag, Fifth Mehl:	
3204	80	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	
3205	80	ਡਖਣਾ॥	ਡੱਖਣਾ	Ddakhanaa ||	Dakhanaa:	
3206	80	ਹਠ ਮਝਾਹੂ ਮਾ ਪਿਰੀ ਪਸੇ ਕਿਉ ਦੀਦਾਰ॥	ਹਠ:ਪੋਲਾ ਬੋਲੋ। (ਹਠ) ਰਿਦਾ। (ਮਝਾਹੂ) ਵਿੱਚ। (ਪੱਸੇ) ਪ੍ਰਾਪਤ ਹੋਣ। ਮਾ: ਬਿੰਦੀ ਨ ਲਾਉ।	Hath Majhaahoo Maa Piree Pasae Kio Dheedhaar ||	My Beloved Husband Lord is deep within my heart. How can I see Him?	ਮੇਰਾ ਪਿਆਰਾ ਪ੍ਰਭੂ-ਪਤੀ (ਮੇਰੇ) ਹਿਰਦੇ ਵਿਚ (ਵੱਸਦਾ ਹੈ, ਪਰ ਉਸ ਦਾ) ਦੀਦਾਰ ਕਿਵੇਂ ਹੋਵੇ?
3207	80	ਸੰਤ ਸਰਣਾਈ ਲਭਣੇ ਨਾਨਕ ਪ੍ਰਾਣ ਅਧਾਰ॥੧॥	ਲੱਭਣੇ	Santh Saranaaee Labhanae Naanak Praan Adhhaar ||1||	In the Sanctuary of the Saints, O Nanak, the Support of the breath of life is found. ||1||	ਹੇ ਨਾਨਕ! ਉਹ ਪ੍ਰਾਣਾਂ ਦਾ ਆਸਰਾ ਪ੍ਰਭੂ ਸੰਤ ਜਨਾਂ ਦੀ ਸਰਨ ਪਿਆਂ ਹੀ ਲੱਭਦਾ ਹੈ ॥੧॥
3208	80	ਛੰਤੁ॥		Shhanth ||	Chhant:	ਛੰਤੁ:

3209	80	ਚਰਨਕਮਲ ਸਿਉ ਪ੍ਰੀਤਿ ਰੀਤਿ ਸੰਤਨ ਮਨਿ ਆਵਏ ਜੀਉ॥	ਆ–ਵਏ	Charan Kamal Sio Preeth Reeth Santhan Man Aaveae Jeeo ||	To love the Lotus Feet of the Lord-this way of life has come into the minds of His Saints.	ਪਰਮਾਤਮਾ ਦੇ ਸੋਹਣੇ ਚਰਨਾਂ ਨਾਲ ਪਿਆਰ ਪਾਈ ਰੱਖਣ ਦੀ ਮਰਯਾਦਾ ਸੰਤ ਜਨਾਂ ਦੇ ਮਨ ਵਿਚ (ਹੀ) ਵੱਸਦੀ ਹੈ।
3210	80	ਦੁਤੀਆ ਭਾਉ ਬਿਪਰੀਤਿ ਅਨੀਤਿ ਦਾਸਾ ਨਹ ਭਾਵਏ ਜੀਉ॥	ਭਾ–ਵਏ	Dhutheeaa Bhaao Bipareeth Aneeth Dhaasaa Neh Bhaaveae Jeeo ||	The love of duality, this evil practice, this bad habit, is not liked by the Lord's slaves.	ਪਰਮਾਤਮਾ ਤੋਂ ਬਿਨਾ ਕਿਸੇ ਹੋਰ ਨਾਲ ਪਿਆਰ ਪਾਣਾ (ਸੰਤ ਜਨਾਂ ਨੂੰ) ਉਲਟੀ ਰੀਤਿ ਜਾਪਦੀ ਹੈ, ਨੀਤੀ ਦੇ ਉਲਟ ਪ੍ਰਤੀਤ ਹੁੰਦੀ ਹੈ, ਪ੍ਰਭੂ ਦੇ ਦਾਸਾਂ ਨੂੰ ਇਹ ਪਸੰਦ ਨਹੀਂ ਆਉਂਦੀ।
3211	80	ਦਾਸਾ ਨਹ ਭਾਵਏ ਬਿਨੁ ਦਰਸਾਵਏ ਇਕ ਖਿਨੁ ਧੀਰਜੁ ਕਿਉ ਕਰੈ॥	ਦਰਸਾ–ਵਏ	Dhaasaa Neh Bhaaveae Bin Dharasaaveae Eik Khin Dhheeraj Kio Karai ||	It is not pleasing to the Lord's slaves; without the Blessed Vision of the Lord's Darshan, how can they find peace, even for a moment?	ਪਰਮਾਤਮਾ ਦੇ ਦਰਸਨ ਤੋਂ ਬਿਨਾ (ਕੋਈ ਹੋਰ ਜੀਵਨ-ਜੁਗਤ) ਪਰਮਾਤਮਾ ਦੇ ਦਾਸਾਂ ਨੂੰ ਚੰਗੀ ਨਹੀਂ ਲੱਗਦੀ। (ਪਰਮਾਤਮਾ ਦਾ ਦਾਸ ਪਰਮਾਤਮਾ ਦੇ ਦਰਸਨ ਤੋਂ ਬਿਨਾ) ਇਕ ਪਲ ਭਰ ਭੀ ਧੀਰਜ ਨਹੀਂ ਕਰ ਸਕਦਾ।
3212	80	ਨਾਮ ਬਿਹੂਨਾ ਤਨੁ ਮਨੁ ਹੀਨਾ ਜਲ ਬਿਨੁ ਮਛੁਲੀ ਜਿਉ ਮਰੈ॥		Naam Bihoonaa Than Man Heenaa Jal Bin Mashhulee Jio Marai ||	Without the Naam, the Name of the Lord, the body and mind are empty; like fish out of water, they die.	ਦਾਸ ਦਾ ਮਨ ਦਾਸ ਦਾ ਤਨ ਪ੍ਰਭੂ ਦੇ ਨਾਮ ਤੋਂ ਬਿਨਾ ਲਿੱਸਾ ਹੋ ਜਾਂਦਾ ਹੈ, (ਨਾਮ ਤੋਂ ਬਿਨਾ ਉਸ ਨੂੰ) ਆਤਮਕ ਮੌਤ ਆ ਗਈ ਜਾਪਦੀ ਹੈ ਜਿਵੇਂ ਮੱਛੀ ਪਾਣੀ ਤੋਂ ਬਿਨਾ ਮਰ ਜਾਂਦੀ ਹੈ।

3213	80	ਮਿਲੁ ਮੇਰੇ ਪਿਆਰੇ ਪ੍ਰਾਨ ਅਧਾਰੇ ਗੁਣ ਸਾਧਸੰਗਿ ਮਿਲਿ ਗਾਵਏ॥	ਗਾ-ਵਏ	Mil Maerae Piaarae Praan Adhhaarae Gun Saadhhasang Mil Gaaveae ||	Please meet with me, O my Beloved-You are the Support of my breath of life. Joining the Saadh Sangat, the Company of the Holy, I sing Your Glorious Praises.	ਹੇ ਮੇਰੇ ਪਿਆਰੇ ਪ੍ਰਭੂ! ਹੇ ਮੇਰੀ ਜਿੰਦ ਦੇ ਆਸਰੇ ਪ੍ਰਭੂ! (ਮੈਨੂੰ ਆਪਣੇ ਦਾਸ ਨੂੰ) ਮਿਲ, ਤਾ ਕਿ ਤੇਰਾ ਦਾਸ ਸਾਧ ਸੰਗਤਿ ਵਿਚ ਮਿਲ ਕੇ ਤੇਰੇ ਗੁਣ ਗਾ ਸਕੇ।
3214	80	ਨਾਨਕ ਕੇ ਸੁਆਮੀ ਧਾਰਿ ਅਨੁਗ੍ਰਹੁ ਮਨਿ ਤਨਿ ਅੰਕਿ ਸਮਾਵਏ॥੧॥	(ਅ-ਨੁੱਗ੍ਰਹੁ) ਕਿਰਪਾ। ਸਮਾ-ਵਏ	Naanak Kae Suaamee Dhhaar Anugrahu Man Than Ank Samaaveae ||1||	O Lord and Master of Nanak, please grant Your Grace, and permeate my body, mind and being. ||1||	ਹੇ ਨਾਨਕ ਦੇ ਖਸਮ-ਪ੍ਰਭੂ! ਮਿਹਰ ਕਰ, ਤਾ ਕਿ ਤੇਰਾ ਦਾਸ ਨਾਨਕ ਮਨ ਦੀ ਰਾਹੀਂ ਤਨ ਦੀ ਰਾਹੀਂ ਤੇਰੀ ਗੋਦ ਵਿਚ (ਹੀ) ਸਮਾਇਆ ਰਹੇ ॥੧॥
3215	80	ਡਖਣਾ॥		Ddakhanaa ||	Dakhanaa:	
3216	80	ਸੋਹੰਦੜੋ ਹਭ ਠਾਇ ਕੋਇ ਨ ਦਿਸੈ ਡੂਜੜੋ॥	ਹੱਭ। ਦਿਸੈ: ਪੋਲਾ ਬੋਲੋ	Sohandharro Habh Thaae Koe N Dhisai Ddoojarro ||	He is Beautiful in all places; I do not see any other at all.	(ਗੁਰੂ ਨੂੰ ਮਿਲਿਆਂ ਮਨੁੱਖ ਨੂੰ ਸਮਝ ਆ ਜਾਂਦੀ ਹੈ ਕਿ ਪਰਮਾਤਮਾ) ਹਰੇਕ ਥਾਂ ਵਿਚ (ਵੱਸ ਰਿਹਾ ਹੈ ਤੇ) ਸੋਭ ਰਿਹਾ ਹੈ, ਕੋਈ ਭੀ ਜੀਵ ਐਸਾ ਨਹੀਂ ਦਿੱਸਦਾ ਜੋ ਪਰਮਾਤਮਾ ਤੋਂ ਵੱਖਰਾ ਕੋਈ ਹੋਰ ਹੋਵੇ।
3217	80	ਖੁਲ੍ਹੜੇ ਕਪਾਟ ਨਾਨਕ ਸਤਿਗੁਰ ਭੇਟਤੇ॥੧॥	ਖੁੱਲ੍ਹੜੇ	Khulharrae Kapaatt Naanak Sathigur Bhaettathae ||1||	Meeting with the True Guru, O Nanak, the doors are opened wide. ||1||	ਹੇ ਨਾਨਕ! ਗੁਰੂ ਨੂੰ ਮਿਲਿਆਂ (ਮਾਇਆ ਦੇ ਮੋਹ ਨਾਲ ਮਨੁੱਖ ਦੀ ਬੁੱਧੀ ਦੇ ਬੰਦ ਹੋਏ) ਕਵਾੜ ਖੁਲ੍ਹ ਜਾਂਦੇ ਹਨ ॥੧॥

3218	80	ਛੰਤੁ॥		Shhanth ||	Chhant:	
3219	80	ਤੇਰੇ ਬਚਨ ਅਨੂਪ ਅਪਾਰ ਸੰਤਨ ਆਧਾਰ ਬਾਣੀ ਬੀਚਾਰੀਐ ਜੀਉ॥		Thaerae Bachan Anoop Apaar Santhan Aadhhaar Baanee Beechaareeai Jeeo ||	Your Word is Incomparable and Infinite. I contemplate the Word of Your Bani, the Support of the Saints.	ਹੇ ਸੁੰਦਰ ਪ੍ਰਭੂ! ਹੇ ਬੇਅੰਤ ਪ੍ਰਭੂ! ਹੇ ਸੰਤਾਂ ਦੇ ਆਸਰੇ ਪ੍ਰਭੂ! (ਸੰਤਾਂ ਨੇ ਤੇਰੀ ਸਿਫ਼ਤ-ਸਾਲਾਹ ਦੇ) ਬਚਨ ਵਿਚਾਰੇ ਹਨ, (ਤੇਰੀ ਸਿਫ਼ਤ-ਸਾਲਾਹ ਦੀ ਬਾਣੀ ਵਿਚਾਰੀ ਹੈ (ਹਿਰਦੇ ਵਿਚ ਵਸਾਈ ਹੈ।)
3220	80	ਸਿਮਰਤ ਸਾਸ ਗਿਰਾਸ ਪੂਰਨ ਬਿਸੁਆਸ ਕਿਉ ਮਨਹੁ ਬਿਸਾਰੀਐ ਜੀਉ॥	ਬਿਸੁ-ਆਸ	Simarath Saas Giraas Pooran Bisuaas Kio Manahu Bisaareeai Jeeo ||	I remember Him in meditation with every breath and morsel of food, with perfect faith. How could I forget Him from my mind?	ਸੁਆਸ ਸੁਆਸ (ਤੇਰਾ ਨਾਮ) ਸਿਮਰਦਿਆਂ (ਉਹਨਾਂ ਨੂੰ ਇਹ) ਪੂਰਾ ਭਰੋਸਾ ਬਣ ਜਾਂਦਾ ਹੈ ਕਿ (ਪ੍ਰਭੂ ਦਾ ਨਾਮ) ਕਦੇ ਭੀ ਮਨ ਤੋਂ ਭੁਲਾਣਾ ਨਹੀਂ ਚਾਹੀਦਾ।
3221	80	ਕਿਉ ਮਨਹੁ ਬੇਸਾਰੀਐ ਨਿਮਖ ਨਹੀ ਟਾਰੀਐ ਗੁਣਵੰਤ ਪ੍ਰਾਨ ਹਮਾਰੇ॥		Kio Manahu Baesaareeai Nimakh Nehee Ttaareeai Gunavanth Praan Hamaarae ||	How could I forget Him from my mind, even for an instant? He is the Most Worthy; He is my very life!	ਹੇ ਗੁਣਾਂ ਦੇ ਸੋਮੇ ਪ੍ਰਭੂ! ਹੇ ਸੰਤਾਂ ਦੀ ਜਿੰਦ-ਜਾਨ ਪ੍ਰਭੂ! (ਸੰਤਾਂ ਨੂੰ ਇਹ ਭਰੋਸਾ ਬੱਝ ਜਾਂਦਾ ਹੈ ਕਿ ਤੇਰਾ ਨਾਮ) ਕਦੇ ਭੀ ਮਨ ਤੋਂ ਭੁਲਾਣਾ ਨਹੀਂ ਚਾਹੀਦਾ, ਅੱਖ ਦੇ ਝਮਕਣ ਜਿਤਨੇ ਸਮੇਂ ਵਾਸਤੇ ਭੀ (ਮਨ ਤੋਂ) ਪਰੇ ਹਟਾਣਾ ਨਹੀਂ ਚਾਹੀਦਾ।

3222	80	ਮਨ ਬਾਂਛਤ ਫਲ ਦੇਤ ਹੈ ਸੁਆਮੀ ਜੀਅ ਕੀ ਬਿਰਥਾ ਸਾਰੇ॥		Man Baanshhath Fal Dhaeth Hai Suaamee Jeea Kee Birathhaa Saarae ||	My Lord and Master is the Giver of the fruits of the mind's desires. He knows all the useless vanities and pains of the soul.	(ਉਹਨਾਂ ਨੂੰ ਇਹ ਨਿਸਚਾ ਹੋ ਜਾਂਦਾ ਹੈ ਕਿ) ਮਾਲਕ-ਪ੍ਰਭੂ ਮਨ-ਇੱਛਿਤ ਫਲ ਬਖ਼ਸ਼ਦਾ ਹੈ ਤੇ ਹਰੇਕ ਜੀਵ ਦੀ ਪੀੜਾ ਦੀ ਸਾਰ ਲੈਂਦਾ ਹੈ।
3223	80	ਅਨਾਥ ਕੇ ਨਾਥੇ ਸ੍ਰਬ ਕੈ ਸਾਥੇ ਜਪਿ ਜੂਐ ਜਨਮੁ ਨ ਹਾਰੀਐ॥		Anaathh Kae Naathhae Srab Kai Saathhae Jap Jooai Janam N Haareeai ||	Meditating on the Patron of lost souls, the Companion of all, your life shall not be lost in the gamble.	ਹੇ ਅਨਾਥਾਂ ਦੇ ਨਾਥ ਪ੍ਰਭੂ! ਹੇ ਜੀਵਾਂ ਦੇ ਅੰਗ-ਸੰਗ ਰਹਿਣ ਵਾਲੇ ਪ੍ਰਭੂ! (ਤੇਰਾ ਨਾਮ) ਜਪ ਕੇ ਮਨੁੱਖਾ ਜਨਮ (ਕਿਸੇ ਜੁਆਰੀਏ ਵਾਂਗ) ਜੂਏ (ਦੀ ਬਾਜ਼ੀ) ਵਿਚ ਵਿਅਰਥ ਨਹੀਂ ਗਵਾਇਆ ਜਾਂਦਾ।
3224	80	ਨਾਨਕ ਕੀ ਬੇਨੰਤੀ ਪ੍ਰਭ ਪਹਿ ਕ੍ਰਿਪਾ ਕਰਿ ਭਵਜਲੁ ਤਾਰੀਐ॥੨॥		Naanak Kee Baenanthee Prabh Pehi Kirapaa Kar Bhavajal Thaareeai ||2||	Nanak offers this prayer to God: Please shower me with Your Mercy, and carry me across the terrifying world-ocean. ||2||	ਪਰਮਾਤਮਾ ਦੇ ਪਾਸ ਨਾਨਕ ਦੀ ਇਹ ਬੇਨਤੀ ਹੈ-ਹੇ ਪ੍ਰਭੂ! ਕਿਰਪਾ ਕਰ (ਮੈਨੂੰ ਆਪਣਾ ਨਾਮ ਦੇਹ ਤੇ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ॥੨॥
3225	80	ਡਖਣਾ॥		Ddakhanaa ||	Dakhanaa:	
3226	80	ਧੂੜੀ ਮਜਨੁ ਸਾਧ ਖੇ ਸਾਈ ਥੀਏ ਕ੍ਰਿਪਾਲ॥	(ਸਾਂਈਂ) ਮਾਲਕ। ਮੱਜਨੁ।	Dhhoorree Majan Saadhh Khae Saaee Thheeeae Kirapaal ||	People bathe in the dust of the feet of the Saints, when the Lord becomes merciful.	(ਜਿਨ੍ਹਾਂ ਵਡ-ਭਾਗੀਆਂ ਉੱਤੇ) ਖਸਮ-ਪ੍ਰਭੂ ਕਿਰਪਾਲ ਹੁੰਦਾ ਹੈ, ਉਹਨਾਂ ਨੂੰ ਗੁਰਮੁਖਾਂ ਦੀ ਚਰਨ ਧੂੜ ਵਿਚ ਇਸ਼ਨਾਨ (ਕਰਨਾ ਨਸੀਬ ਹੁੰਦਾ ਹੈ)।

3227	80	ਲਧੇ ਹਭੇ ਥੋਕੜੇ ਨਾਨਕ ਹਰਿ ਧਨੁ ਮਾਲੁ॥੧॥	(ਹੱਭੇ) ਸਾਰੇ। (ਥੋੱਕੜੇ) ਪਦਾਰਥ। ਲੱਧੇ।	Ladhhae Habhae Thhokarrae Naanak Har Dhhan Maal ||1||	I have obtained all things, O Nanak; the Lord is my Wealth and Property. ||1||	ਜਿਨ੍ਹਾਂ ਨੂੰ ਹਰਿ-ਨਾਮ-ਧਨ ਪ੍ਰਾਪਤ ਹੁੰਦਾ ਹੈ, ਜਿਨ੍ਹਾਂ ਨੂੰ ਹਰਿ-ਨਾਮ ਪਦਾਰਥ ਮਿਲ ਜਾਂਦਾ ਹੈ, ਹੇ ਨਾਨਕ! ਉਹਨਾਂ ਨੂੰ (ਮਾਨੋ) ਸਾਰੇ ਹੀ ਸੋਹਣੇ ਪਦਾਰਥ ਮਿਲ ਜਾਂਦੇ ਹਨ ॥੧॥
3228	80	ਛੰਤੁ॥		Shhanth ||	Chhant:	
3229	80	ਸੁੰਦਰ ਸੁਆਮੀ ਧਾਮ ਭਗਤਹ ਬਿਸ੍ਰਾਮ ਆਸਾ ਲਗਿ ਜੀਵਤੇ ਜੀਉ॥		Sundhar Suaamee Dhhaam Bhagatheh Bisraam Aasaa Lag Jeevathae Jeeo ||	My Lord and Master's Home is beautiful. It is the resting place of His devotees, who live in hopes of attaining it.	ਮਾਲਕ-ਪ੍ਰਭੂ ਦੇ ਸੋਹਣੇ ਚਰਨ ਭਗਤ ਜਨਾਂ (ਦੇ ਮਨ) ਵਾਸਤੇ ਨਿਵਾਸ-ਅਸਥਾਨ ਹੁੰਦਾ ਹੈ (ਭਗਤ ਜਨ ਪ੍ਰਭੂ ਚਰਨਾਂ ਵਿਚ ਟਿਕੇ ਰਹਿਣ ਦੀ ਹੀ) ਆਸ਼ਾ ਧਾਰ ਕੇ ਆਪਣਾ ਜੀਵਨ ਉੱਚਾ ਕਰਦੇ ਹਨ।
3230	80	ਮਨਿ ਤਨੇ ਗਲਤਾਨ ਸਿਮਰਤ ਪ੍ਰਭ ਨਾਮ ਹਰਿ ਅੰਮ੍ਰਿਤੁ ਪੀਵਤੇ ਜੀਉ॥	ਗਲ-ਤਾਨ: ਪੋਲਾ ਬੋਲੋ	Man Thanae Galathaan Simarath Prabh Naam Har Anmrith Peevathae Jeeo ||	Their minds and bodies are absorbed in meditation on the Name of God; they drink in the Lord's Ambrosial Nectar.	ਪਰਮਾਤਮਾ ਦਾ ਨਾਮ ਸਿਮਰ-ਸਿਮਰ ਕੇ (ਭਗਤ ਜਨ ਆਪਣੇ) ਮਨ ਦੀ ਰਾਹੀਂ (ਆਪਣੇ) ਸਰੀਰ ਦੀ ਰਾਹੀਂ ਪ੍ਰਭੂ-ਨਾਮ ਵਿਚ ਮਸਤ ਰਹਿੰਦੇ ਹਨ, ਤੇ, ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਜਲ ਸਦਾ ਪੀਂਦੇ ਰਹਿੰਦੇ ਹਨ।

3231	81	ਅੰਮ੍ਰਿਤੁ ਹਰਿ ਪੀਵਤੇ ਸਦਾ ਥਿਰੁ ਥੀਵਤੇ ਬਿਖੈ ਬਨੁ ਫੀਕਾ ਜਾਨਿਆ॥		Anmrith Har Peevathae Sadhaa Thhir Thheevathae Bikhai Ban Feekaa Jaaniaa ||	They drink in the Lord's Ambrosial Nectar, and become eternally stable. They know that the water of corruption is insipid and tasteless.	ਭਗਤ-ਜਨ ਨਾਮ-ਅੰਮ੍ਰਿਤ ਸਦਾ ਪੀਂਦੇ ਹਨ ਤੇ (ਵਿਸ਼ਿਆਂ ਵਲੋਂ) ਸਦਾ ਅਡੋਲ-ਚਿੱਤ ਟਿਕੇ ਰਹਿੰਦੇ ਹਨ। (ਸਿਮਰਨ ਦੀ ਬਰਕਤਿ ਨਾਲ ਉਹਨਾਂ ਨੇ) ਵਿਸ਼ਿਆਂ ਦੇ ਪਾਣੀ ਨੂੰ ਬੇ-ਸੁਆਦ ਜਾਣ ਲਿਆ ਹੈ।
3232	81	ਭਏ ਕਿਰਪਾਲ ਗੋਪਾਲ ਪ੍ਰਭ ਮੇਰੇ ਸਾਧਸੰਗਤਿ ਨਿਧਿ ਮਾਨਿਆ॥		Bheae Kirapaal Gopaal Prabh Maerae Saadhhasangath Nidhh Maaniaa ||	When my God, the Lord of the Universe became merciful, I came to look upon the Saadh Sangat as the treasure.	ਭਗਤ ਜਨਾਂ ਉੱਤੇ ਗੋਪਾਲ ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਸਾਧ ਸੰਗਤਿ ਵਿਚ ਰਹਿ ਕੇ ਉਹਨਾਂ ਦਾ ਮਨ ਪ੍ਰਭੂ ਦੇ ਨਾਮ-ਖ਼ਜ਼ਾਨੇ ਵਿਚ ਪਰਚਿਆ ਰਹਿੰਦਾ ਹੈ।
3233	81	ਸਰਬਸੋ ਸੂਖ ਆਨੰਦ ਘਨ ਪਿਆਰੇ ਹਰਿ ਰਤਨੁ ਮਨ ਅੰਤਰਿ ਸੀਵਤੇ॥	ਸਰਬਸੋ: ਪੋਲਾ ਬੋਲੋ ਮਿਲਵਾਂ	Sarabaso Sookh Aanandh Ghan Piaarae Har Rathan Man Anthar Seevathae ||	All pleasures and supreme ecstasy, O my Beloved, come to those who sew the Jewel of the Lord into their minds.	ਭਗਤ ਜਨ ਪ੍ਰਭੂ ਦੇ ਸ੍ਰੇਸ਼ਟ ਨਾਮ ਨੂੰ ਆਪਣੇ ਮਨ ਵਿਚ ਪ੍ਰੋਈ ਰੱਖਦੇ ਹਨ, (ਪ੍ਰਭੂ ਦਾ ਨਾਮ ਹੀ ਉਹਨਾਂ ਵਾਸਤੇ) ਸਭ ਤੋਂ ਸ੍ਰੇਸ਼ਟ ਧਨ ਹੈ, (ਨਾਮ ਵਿਚੋਂ ਹੀ) ਉਹ ਅਨੇਕਾਂ ਆਤਮਕ ਸੁਖ ਆਨੰਦ ਮਾਣਦੇ ਹਨ।
3234	81	ਇਕੁ ਤਿਲੁ ਨਹੀ ਵਿਸਰੈ ਪ੍ਰਾਨ ਆਧਾਰਾ ਜਪਿ ਜਪਿ ਨਾਨਕ ਜੀਵਤੇ॥੩॥		Eik Thil Nehee Visarai Praan Aadhhaaraa Jap Jap Naanak Jeevathae ||3||	They do not forget, even for an instant, the Support of the breath of life. They live by constantly meditating on Him, O Nanak. ||3||	ਹੇ ਨਾਨਕ! ਭਗਤ ਜਨਾਂ ਨੂੰ ਪ੍ਰਾਣਾਂ ਦਾ ਆਸਰਾ ਪ੍ਰਭੂ-ਨਾਮ ਰਤਾ ਜਿਤਨਾ ਸਮਾ ਭੀ ਨਹੀਂ ਭੁੱਲਦਾ। ਪਰਮਾਤਮਾ ਦਾ ਨਾਮ (ਹਰ ਵੇਲੇ) ਜਪ ਜਪ ਕੇ ਉਹ ਆਤਮਕ ਜੀਵਨ ਹਾਸਲ ਕਰਦੇ ਹਨ ॥੩॥
3235	81	ਡਖਣਾ॥		Ddakhanaa ||	Dakhanaa:	

3236	81	ਜੋ ਤਉ ਕੀਨੇ ਆਪਣੇ ਤਿਨਾ ਕੂੰ ਮਿਲਿਓਹਿ॥		Jo Tho Keenae Aapanae Thinaa Koon Miliouhi ||	O Lord, You meet and merge with those whom you have made Your Own.	(ਹੇ ਪ੍ਰਭੂ!) ਜਿਨ੍ਹਾਂ (ਵਡ-ਭਾਗੀਆਂ) ਨੂੰ ਤੂੰ ਆਪਣੇ (ਸੇਵਕ) ਬਣਾ ਲੈਂਦਾ ਹੈਂ, ਉਹਨਾਂ ਨੂੰ ਤੂੰ ਮਿਲ ਪੈਂਦਾ ਹੈਂ।
3237	81	ਆਪੇ ਹੀ ਆਪਿ ਮੋਹਿਓਹੁ ਜਸੁ ਨਾਨਕ ਆਪਿ ਸੁਣਿਓਹਿ॥੧॥	ਮੋਹਿ-ਓਹੁ	Aapae Hee Aap Mohiouhu Jas Naanak Aap Suniouhi ||1||	You Yourself are entranced, O Nanak, hearing Your Own Praises. ||1||	ਹੇ ਨਾਨਕ! (ਉਹਨਾਂ ਪਾਸੋਂ) ਤੂੰ (ਆਪਣਾ) ਜਸ ਆਪ ਹੀ ਸੁਣਦਾ ਹੈਂ, ਤੇ (ਸੁਣ ਕੇ) ਤੂੰ ਆਪ ਹੀ ਮਸਤ ਹੁੰਦਾ ਹੈਂ ॥੧॥
3238	81	ਛੰਤੁ॥	ਠ-ਗਉਰੀ: ਪੋਲਾ ਬੋਲੋ। ਮਿਲਵਾਂ।	Shhanth ||	Chhant:	
3239	81	ਪ੍ਰੇਮ ਠਗਉਰੀ ਪਾਇ ਰੀਝਾਇ ਗੋਬਿੰਦ ਮਨੁ ਮੋਹਿਆ ਜੀਉ॥		Praem Thagouree Paae Reejhaae Gobindh Man Mohiaa Jeeo ||	Administering the intoxicating drug of love, I have won over the Lord of the Universe; I have fascinated His Mind.	(ਹੇ ਭਾਈ! ਭਗਤ ਜਨਾਂ ਨੇ) ਪ੍ਰੇਮ ਦੀ ਠਗ-ਬੂਟੀ ਖਵਾ ਕੇ (ਤੇ ਇਸ ਤਰ੍ਹਾਂ ਖ਼ੁਸ਼ ਕਰ ਕੇ ਪਰਮਾਤਮਾ ਦਾ ਮਨ ਮੋਹ ਲਿਆ ਹੁੰਦਾ ਹੈ।
3240	81	ਸੰਤਨ ਕੈ ਪਰਸਾਦਿ ਅਗਾਧਿ ਕੰਠੇ ਲਗਿ ਸੋਹਿਆ ਜੀਉ॥		Santhan Kai Parasaadh Agaadhh Kanthae Lag Sohiaa Jeeo ||	By the Grace of the Saints, I am held in the loving embrace of the Unfathomable Lord, and I am entranced.	ਭਗਤ ਜਨਾਂ ਦੀ ਹੀ ਕਿਰਪਾ ਨਾਲ (ਕੋਈ ਵਡ-ਭਾਗੀ ਮਨੁੱਖ) ਅਥਾਹ ਪ੍ਰਭੂ ਦੇ ਗਲ ਲੱਗ ਕੇ ਸੋਹਣੇ ਜੀਵਨ ਵਾਲਾ ਬਣਦਾ ਹੈ।

3241	81	ਹਰਿ ਕੰਠਿ ਲਗਿ ਸੋਹਿਆ ਦੋਖ ਸਭਿ ਜੋਹਿਆ ਭਗਤਿ ਲਖ੍ਯਣ ਕਰਿ ਵਸਿ ਭਏ॥	ਲਖ੍ਯਣ: ਲੱਖਿਅਣ ਖ ਪੈਰ ਅੱਧਾ ਯਈਆ ਹੈ। ਜਿਸ ਅੱਖਰ ਹੇਠਾਂ ਅੱਧਾ ਯਈਆ ਹੋਵੇ, ਉਸ ਨੂੰ ਸਿਹਾਰੀ, ਉਸ ਦੇ ਸੱਜੇ ਪਾਸੇ ਐੜਾ ਲਾਉ, ਉਸ ਅੱਖਰ ਨੂੰ ਜਿਹੜੀ ਲਗ ਹੋਵੇ ਉਹ ਐੜੇ ਨੂੰ ਲਾਉਣੀ ਜੀ। ਵੱਸਿ।	Har Kanth Lag Sohiaa Dhokh Sabh Johiaa Bhagath Lakhyan Kar Vas Bheae ||	Held in the Lord's loving embrace, I look beautiful, and all my pains have been dispelled. By the loving worship of His devotees, the Lord has come under their power.	ਜੇਹੜਾ ਮਨੁੱਖ ਹਰੀ ਦੇ ਗਲ ਲੱਗ ਕੇ ਸੋਹਣੇ ਜੀਵਨ ਵਾਲਾ ਬਣਦਾ ਹੈ, ਉਸ ਦੇ ਸਾਰੇ ਵਿਕਾਰ ਮੁੱਕ ਜਾਂਦੇ ਹਨ, (ਉਸ ਦੇ ਅੰਦਰ) ਭਗਤੀ ਵਾਲੇ ਲੱਛਣ ਪੈਦਾ ਹੋ ਜਾਣ ਦੇ ਕਾਰਣ ਪ੍ਰਭੂ ਜੀ ਉਸ ਦੇ ਵੱਸ ਵਿਚ ਆ ਜਾਂਦੇ ਹਨ।
3242	81	ਮਨਿ ਸਰਬ ਸੁਖ ਵੁਠੇ ਗੋਵਿਦ ਤੁਠੇ ਜਨਮ ਮਰਣਾ ਸਭਿ ਮਿਟਿ ਗਏ॥	ਵੁੱਠੇ। ਤੁੱਠੇ।	Man Sarab Sukh Vuthae Govidh Thuthae Janam Maranaa Sabh Mitt Geae ||	All pleasures have come to dwell in the mind; the Lord of the Universe is pleased and appeased. Birth and death have been totally eliminated.	ਗੋਬਿੰਦ ਦੇ ਉਸ ਉੱਤੇ ਪ੍ਰਸੰਨ ਹੋਣ ਨਾਲ ਉਸ ਦੇ ਮਨ ਵਿਚ ਸਾਰੇ ਸੁਖ ਆ ਵੱਸਦੇ ਹਨ, ਤੇ ਉਸ ਦੇ ਸਾਰੇ ਜਨਮ ਮਰਨ (ਦੇ ਗੇੜ) ਮੁੱਕ ਜਾਂਦੇ ਹਨ।
3243	81	ਸਖੀ ਮੰਗਲੋ ਗਾਇਆ ਇਛ ਪੁਜਾਇਆ ਬਹੁੜਿ ਨ ਮਾਇਆ ਹੋਹਿਆ॥		Sakhee Mangalo Gaaeiaa Eishh Pujaaeiaa Bahurr N Maaeiaa Hohiaa ||	O my companions, sing the Songs of Joy. My desires have been fulfilled, and I shall never again be trapped or shaken by Maya.	ਸਤਸੰਗੀਆਂ ਨਾਲ ਮਿਲ ਕੇ ਜਿਉਂ ਜਿਉਂ ਉਹ ਪ੍ਰਭੂ ਸਿਫ਼ਤ-ਸਾਲਾਹ ਦੀ ਬਾਣੀ ਗਾਂਦਾ ਹੈ ਉਸ ਦੀਆਂ ਕਾਮਨਾਂ ਪੂਰੀਆਂ ਹੋ ਜਾਂਦੀਆਂ ਹਨ (ਭਾਵ, ਉਸ ਦੇ ਮਨ ਦੇ ਫੁਰਨੇ ਮੁੱਕ ਜਾਂਦੇ ਹਨ), ਉਸ ਨੂੰ ਮੁੜ ਮਾਇਆ ਦੇ ਧੱਕੇ ਨਹੀਂ ਲੱਗਦੇ।

3244	81	ਕਰੁ ਗਹਿ ਲੀਨੇ ਨਾਨਕ ਪ੍ਰਭ ਪਿਆਰੇ ਸੰਸਾਰੁ ਸਾਗਰੁ ਨਹੀ ਪੋਹਿਆ॥੪॥		Kar Gehi Leenae Naanak Prabh Piaarae Sansaar Saagar Nehee Pohiaa ||4||	Taking hold of my hand, O Nanak, my Beloved God will not let me be swallowed up by the world-ocean. ||4||	ਹੇ ਨਾਨਕ! ਪਿਆਰੇ ਪ੍ਰਭੂ ਨੇ ਜਿਨ੍ਹਾਂ ਦਾ ਹੱਥ ਫੜ ਲਿਆ ਹੈ, ਉਹਨਾਂ ਉੱਤੇ ਸੰਸਾਰ-ਸਮੁੰਦਰ ਆਪਣਾ ਜ਼ੋਰ ਨਹੀ ਪਾ ਸਕਦਾ ॥੪॥
3245	81	ਡਖਣਾ॥	ਸਾਂਈਂ	Ddakhanaa ||	Dakhanaa:	
3246	81	ਸਾਈ ਨਾਮੁ ਅਮੋਲੁ ਕੀਮ ਨ ਕੋਈ ਜਾਣਦੋ॥		Saaee Naam Amol Keem N Koee Jaanadho ||	The Master's Name is Priceless; no one knows its value.	ਖਸਮ-ਪ੍ਰਭੂ ਦਾ ਨਾਮ ਮੁੱਲ ਤੋਂ ਪਰੇ ਹੈ, ਕੋਈ ਜੀਵ ਉਸ ਦੇ ਬਰਾਬਰ ਦੀ ਕੋਈ ਚੀਜ਼ ਨਹੀਂ ਦੱਸ ਸਕਦਾ।
3247	81	ਜਿਨਾ ਭਾਗ ਮਥਾਹਿ ਸੇ ਨਾਨਕ ਹਰਿ ਰੰਗੁ ਮਾਣਦੋ॥੧॥		Jinaa Bhaag Mathhaahi Sae Naanak Har Rang Maanadho ||1||	Those who have good destiny recorded upon their foreheads, O Nanak, enjoy the Love of the Lord. ||1||	ਹੇ ਨਾਨਕ! ਜਿਨ੍ਹਾਂ ਮਨੁੱਖਾਂ ਦੇ ਮੱਥੇ ਤੇ ਭਾਗ (ਜਾਗਣ), ਉਹ ਪਰਮਾਤਮਾ ਦੇ ਮਿਲਾਪ ਦਾ ਆਨੰਦ ਮਾਣਦੇ ਹਨ ॥੧॥
3248	81	ਛੰਤੁ॥		Shhanth ||	Chhant:	

3249	81	ਕਹਤੇ ਪਵਿਤ੍ਰ ਸੁਣਤੇ ਸਭਿ ਧੰਨੁ ਲਿਖਤੀ ਕੁਲੁ ਤਾਰਿਆ ਜੀਉ॥	ਕਹਤੇ ਪਵਿਤ੍ਰ. ਸੁਣਤੇ ਸਭਿ ਧੰਨੁ; ਲਿਖਤੀ. ਕੁਲੁ ਤਾਰਿਆ ਜੀਉ॥	Kehathae Pavithr Sunathae Sabh Dhann Likhathanaee Kul Thaariaa Jeeo ||	Those who chant are sanctified. All those who listen are blessed, and those who write save their ancestors.	ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਉਚਾਰਦੇ ਹਨ, ਉਹ ਸੁਅੱਛ ਜੀਵਨ ਵਾਲੇ ਬਣ ਜਾਂਦੇ ਹਨ। ਜੇਹੜੇ ਬੰਦੇ ਪ੍ਰਭੂ ਦੀ ਸਿਫ਼ਤ-ਸਾਲਾਹ ਸੁਣਦੇ ਹਨ, ਉਹ ਸਾਰੇ ਚੰਗੇ ਭਾਗਾਂ ਵਾਲੇ ਹੋ ਜਾਂਦੇ ਹਨ। ਜੇਹੜੇ ਮਨੁੱਖ ਪਰਮਾਤਮਾ ਦੀ ਸਿਫ਼ਤ-ਸਾਲਾਹ (ਆਪਣੀ ਹੱਥੀਂ) ਲਿਖਦੇ ਹਨ, ਉਹ (ਆਪਣੇ ਸਾਰੇ) ਖ਼ਾਨਦਾਨ ਨੂੰ (ਹੀ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦੇ ਹਨ।
3250	81	ਜਿਨ ਕਉ ਸਾਧੂਸੰਗੁ ਨਾਮ ਹਰਿ ਰੰਗੁ ਤਿਨੀ ਬ੍ਰਹਮੁ ਬੀਚਾਰਿਆ ਜੀਉ॥		Jin Ko Saadhhoo Sang Naam Har Rang Thinee Breham Beechaariaa Jeeo ||	Those who join the Saadh Sangat are imbued with the Lord's Love; they reflect and meditate on God.	ਜਿਨ੍ਹਾਂ ਮਨੁੱਖਾਂ ਨੂੰ ਗੁਰੂ ਦਾ ਮਿਲਾਪ ਪ੍ਰਾਪਤ ਹੁੰਦਾ ਹੈ, ਉਹ ਪਰਮਾਤਮਾ ਦੇ ਨਾਮ (-ਸਿਮਰਨ) ਦਾ ਆਨੰਦ ਮਾਣਦੇ ਹਨ, ਉਹ ਪਰਮਾਤਮਾ ਦੀ ਯਾਦ ਨੂੰ ਆਪਣੇ ਮਨ ਵਿਚ ਟਿਕਾ ਲੈਂਦੇ ਹਨ।
3251	81	ਬ੍ਰਹਮੁ ਬੀਚਾਰਿਆ ਜਨਮੁ ਸਵਾਰਿਆ ਪੂਰਨ ਕਿਰਪਾ ਪ੍ਰਭਿ ਕਰੀ॥		Breham Beechaariaa Janam Savaariaa Pooran Kirapaa Prabh Karee ||	Contemplating God, their lives are reformed and redeemed; God has showered His Perfect Mercy upon them.	ਜਿਸ ਉੱਤੇ ਪ੍ਰਭੂ ਨੇ ਪੂਰਨ ਕਿਰਪਾ ਕੀਤੀ, ਉਸ ਨੇ ਪ੍ਰਭੂ ਨੂੰ ਆਪਣੇ ਮਨ ਵਿਚ ਵਸਾਇਆ ਤੇ ਆਪਣਾ ਜੀਵਨ ਸੋਹਣਾ ਬਣਾ ਲਿਆ।

3252	81	ਕਰੁ ਗਹਿ ਲੀਨੇ ਹਰਿ ਜਸੋ ਦੀਨੇ ਜੋਨਿ ਨਾ ਧਾਵੈ ਨਹ ਮਰੀ॥		Kar Gehi Leenae Har Jaso Dheenae Jon Naa Dhhaavai Neh Maree ||	Taking them by the hand, the Lord has blessed them with His Praises. They no longer have to wander in reincarnation, and they never have to die.	ਪ੍ਰਭੂ ਨੇ ਜਿਸ (ਵਡਭਾਗੀ ਮਨੁੱਖ) ਦਾ ਹੱਥ ਫੜ ਲਿਆ, ਉਸ ਨੂੰ ਉਸ ਨੇ ਆਪਣੀ ਸਿਫ਼ਤ-ਸਾਲਾਹ (ਦੀ ਦਾਤਿ) ਦਿੱਤੀ, ਉਹ ਮਨੁੱਖ ਫਿਰ ਜੂਨਾਂ ਵਿਚ ਨਹੀਂ ਦੌੜਿਆ ਫਿਰਦਾ, ਉਸ ਨੂੰ ਆਤਮਕ ਮੌਤ ਨਹੀਂ ਆਉਂਦੀ।
3253	81	ਸਤਿਗੁਰ ਦਇਆਲ ਕਿਰਪਾਲ ਭੇਟਤ ਹਰੇ ਕਾਮੁ ਕ੍ਰੋਧੁ ਲੋਭੁ ਮਾਰਿਆ॥	ਦ-ਇਆਲ	Sathigur Dhaeiaal Kirapaal Bhaettath Harae Kaam Krodhh Lobh Maariaa ||	Through the Kind and Compassionate True Guru, I have met the Lord; I have conquered sexual desire, anger and greed.	ਦਇਆ ਦੇ ਘਰ ਕਿਰਪਾ ਦੇ ਘਰ ਸਤਿਗੁਰੂ ਨੂੰ ਮਿਲਕੇ (ਤੇ ਖਸਮ-ਪ੍ਰਭੂ ਨੂੰ ਸਿਮਰ ਕੇ) ਜਿਨ੍ਹਾਂ ਨੇ (ਆਪਣੇ ਅੰਦਰੋਂ) ਕਾਮ ਕ੍ਰੋਧ ਲੋਭ (ਆਦਿਕ ਵਿਕਾਰਾਂ) ਨੂੰ ਮਾਰ ਲਿਆ ਹੈ, ਉਹਨਾਂ ਦੇ ਆਤਮਕ ਜੀਵਨ ਪ੍ਰਫੁਲਤ ਹੋ ਜਾਂਦੇ ਹਨ।
3254	81	ਕਥਨੁ ਨ ਜਾਇ ਅਕਥੁ ਸੁਆਮੀ ਸਦਕੈ ਜਾਇ ਨਾਨਕੁ ਵਾਰਿਆ॥੫॥੧॥੩॥	ਅ-ਕਥੁ: ਪੋਲਾ ਬੋਲੋ	Kathhan N Jaae Akathh Suaamee Sadhakai Jaae Naanak Vaariaa ||5||1||3||	Our Indescribable Lord and Master cannot be described. Nanak is devoted, forever a sacrifice to Him. ||5||1||3||	ਖਸਮ-ਪ੍ਰਭੂ ਅਕੱਥ ਹੈ (ਉਸ ਦਾ ਰੂਪ) ਬਿਆਨ ਨਹੀਂ ਕੀਤਾ ਜਾ ਸਕਦਾ। ਨਾਨਕ ਉਸ ਤੋਂ ਸਦਕੇ ਜਾਂਦਾ ਹੈ ਕੁਰਬਾਨ ਜਾਂਦਾ ਹੈ ॥੫॥੧॥੩॥
3255	81	ਸਿਰੀਰਾਗੁ ਮਹਲਾ ੪ ਵਣਜਾਰਾ		Sireeraag Mehalaa 4 Vanajaaraa	Siree Raag, Fourth Mehl, Vanajaaraa ~ The Merchant:	

3256	81	੧ੴ ਸਤਿਨਾਮੁ ਗੁਰ ਪ੍ਰਸਾਦਿ॥		Ik Oankaar Sath Naam Gur Prasaadh ||	One Universal Creator God. Truth Is The Name. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
3257	81	ਹਰਿ ਹਰਿ ਉਤਮੁ ਨਾਮੁ ਹੈ ਜਿਨਿ ਸਿਰਿਆ ਸਭੁ ਕੋਇ ਜੀਉ॥		Har Har Outham Naam Hai Jin Siriaa Sabh Koe Jeeo ||	The Name of the Lord, Har, Har, is Excellent and Sublime. He created everyone.	ਜਿਸ ਹਰੀ ਨੇ (ਜਗਤ ਵਿਚ) ਹਰੇਕ ਜੀਵ ਨੂੰ ਪੈਦਾ ਕੀਤਾ ਹੈ, ਉਸ ਹਰੀ ਦਾ ਨਾਮ ਸ੍ਰੇਸ਼ਟ ਹੈ।
3258	81	ਹਰਿ ਜੀਅ ਸਭੇ ਪ੍ਰਤਿਪਾਲਦਾ ਘਟਿ ਘਟਿ ਰਮਈਆ ਸੋਇ॥	ਰ-ਮਈਆ	Har Jeea Sabhae Prathipaaladhaa Ghatt Ghatt Rameeaa Soe ||	The Lord cherishes all beings. He permeates each and every heart.	ਉਹ ਹਰੀ ਸਾਰੇ ਜੀਵਾਂ ਦੀ ਪਾਲਣਾ ਕਰਦਾ ਹੈ, ਤੇ ਉਹ ਸੋਹਣਾ ਰਾਮ ਹਰੇਕ ਸਰੀਰ ਵਿਚ ਵਿਆਪਕ ਹੈ।
3259	81	ਸੋ ਹਰਿ ਸਦਾ ਧਿਆਈਐ ਤਿਸੁ ਬਿਨੁ ਅਵਰੁ ਨ ਕੋਇ॥		So Har Sadhaa Dhhiaaeeai This Bin Avar N Koe ||	Meditate forever on that Lord. Without Him, there is no other at all.	(ਹੇ ਭਾਈ!) ਉਸ ਹਰੀ ਦਾ ਸਦਾ ਧਿਆਨ ਧਰਨਾ ਚਾਹੀਦਾ ਹੈ, ਉਸ ਤੋਂ ਬਿਨਾ (ਜੀਵ ਦਾ) ਕੋਈ ਹੋਰ (ਆਸਰਾ-ਪਰਨਾ) ਨਹੀਂ ਹੈ।
3260	81	ਜੋ ਮੋਹਿ ਮਾਇਆ ਚਿਤੁ ਲਾਇਦੇ ਸੇ ਛੋਡਿ ਚਲੇ ਦੁਖੁ ਰੋਇ॥		Jo Mohi Maaeiaa Chith Laaeidhae Sae Shhodd Chalae Dhukh Roe ||	Those who focus their consciousness on emotional attachment to Maya must leave; they depart crying out in despair.	ਜੇਹੜੇ ਬੰਦੇ ਮਾਇਆ ਦੇ ਮੋਹ ਵਿਚ (ਆਪਣਾ) ਚਿੱਤ ਲਾਈ ਰੱਖਦੇ ਹਨ, ਉਹ (ਮੌਤ ਆਉਣ ਤੇ) ਕੀਰਨੇ ਕਰ ਕਰ ਕੇ (ਸਭ ਕੁਝ) ਛੱਡ ਕੇ ਜਾਂਦੇ ਹਨ।

3261	81	ਜਨ ਨਾਨਕ ਨਾਮੁ ਧਿਆਇਆ ਹਰਿ ਅੰਤਿ ਸਖਾਈ ਹੋਇ॥੧॥		Jan Naanak Naam Dhhiaaeiaa Har Anth Sakhaaee Hoe ||1||	Servant Nanak meditates on the Naam, the Name of the Lord, his only Companion in the end. ||1||	(ਪਰ) ਹੇ ਦਾਸ ਨਾਨਕ! ਜਿਨ੍ਹਾਂ ਨੇ (ਜ਼ਿੰਦਗੀ ਵਿਚ) ਹਰੀ ਦਾ ਨਾਮ ਸਿਮਰਿਆ, ਹਰੀ ਉਹਨਾਂ ਦਾ ਜ਼ਰੂਰ ਮਦਦਗਾਰ ਬਣਦਾ ਹੈ ॥੧॥
3262	81	ਮੈ ਹਰਿ ਬਿਨੁ ਅਵਰੁ ਨ ਕੋਇ॥		Mai Har Bin Avar N Koe ||	I have none other than You, O Lord.	(ਹੇ ਭਾਈ!) ਮੇਰਾ ਤਾਂ ਪਰਮਾਤਮਾ ਤੋਂ ਬਿਨਾ ਕੋਈ ਹੋਰ (ਆਸਰਾ) ਨਹੀਂ ਹੈ।
3263	81	ਹਰਿ ਗੁਰ ਸਰਣਾਈ ਪਾਈਐ ਵਣਜਾਰਿਆ ਮਿਤ੍ਰਾ ਵਡਭਾਗਿ ਪਰਾਪਤਿ ਹੋਇ॥੧॥ਰਹਾਉ॥	ਵੱਡਭਾਗਿ	Har Gur Saranaaee Paaeeai Vanajaariaa Mithraa Vaddabhaag Paraapath Hoe ||1|| Rehaao ||	In the Guru's Sanctuary, the Lord is found, O my merchant friend; by great good fortune, He is obtained. ||1||Pause||	ਹਰਿ-ਨਾਮ ਦਾ ਵਣਜ ਕਰਨ ਆਏ ਹੇ ਮਿਤ੍ਰ! (ਗੁਰੂ ਦੀ ਸਰਨ ਪਉ) ਗੁਰੂ ਦੀ ਸਰਨ ਪਿਆਂ ਹਰੀ (ਦਾ ਨਾਮ) ਮਿਲਦਾ ਹੈ, ਵੱਡੇ ਭਾਗਾਂ ਨਾਲ ਮਿਲਦਾ ਹੈ ॥੧॥ ਰਹਾਉ ॥
3264	82	ਸੰਤ ਜਨਾ ਵਿਣੁ ਭਾਈਆ ਹਰਿ ਕਿਨੈ ਨ ਪਾਇਆ ਨਾਉ॥		Santh Janaa Vin Bhaaeeaa Har Kinai N Paaeiaa Naao ||	Without the humble Saints, O Siblings of Destiny, no one has obtained the Lord's Name.	ਸੰਤ ਜਨਾਂ ਭਰਾਵਾਂ (ਦੀ ਸੰਗਤਿ ਕਰਨ) ਤੋਂ ਬਿਨਾ ਕਿਸੇ ਮਨੁੱਖ ਨੇ (ਕਦੇ) ਹਰੀ ਦਾ ਨਾਮ ਪਰਾਪਤ ਨਹੀਂ ਕੀਤਾ,

3265	82	ਵਿਚਿ ਹਉਮੈ ਕਰਮ ਕਮਾਵਦੇ ਜਿਉ ਵੇਸੁਆ ਪੁਤੁ ਨਿਨਾਉ॥	(ਨਿਨਾਉ) ਪਿਤਾ ਦੇ ਨਾਮ ਰਹਿਤ । ਪੁੱਤੁ	Vich Houmai Karam Kamaavadhae Jio Vaesuaa Puth Ninaao ||	Those who do their deeds in ego are like the prostitute's son, who has no name.	(ਕਿਉਂਕਿ ਸੰਤਾਂ ਦੀ ਸੰਗਤਿ ਤੋਂ ਬਿਨਾ ਮਨੁੱਖ ਜੇਹੜੇ ਭੀ ਮਿਥੇ ਧਾਰਮਿਕ ਕਰਮ ਕਰਦੇ ਹਨ ਉਹ) ਹਉਮੈ ਦੇ ਅਸਰ ਹੇਠ ਹੀ ਕਰਮ ਕਰਦੇ ਹਨ (ਤੇ ਇਸ ਵਾਸਤੇ ਨਿਖਸਮੇ ਹੀ ਰਹਿ ਜਾਂਦੇ ਹਨ) ਜਿਵੇਂ ਕਿਸੇ ਵੇਸੁਆ ਦਾ ਪੁੱਤਰ (ਆਪਣੇ ਪਿਤਾ ਦਾ) ਨਾਮ ਨਹੀਂ ਦੱਸ ਸਕਦਾ।
3266	82	ਪਿਤਾ ਜਾਤਿ ਤਾ ਹੋਈਐ ਗੁਰੁ ਤੁਠਾ ਕਰੇ ਪਸਾਉ॥		Pithaa Jaath Thaa Hoeeai Gur Thuthaa Karae Pasaao ||	The father's status is obtained only if the Guru is pleased and bestows His Favor.	ਪਿਤਾ-ਪ੍ਰਭੂ ਦੀ ਕੁਲ ਦਾ ਤਦੋਂ ਹੀ ਹੋ ਸਕੀਦਾ ਹੈ, ਜਦੋਂ ਗੁਰੂ ਪ੍ਰਸੰਨ (ਹੋ ਕੇ ਜੀਵ ਉਤੇ) ਮਿਹਰ ਕਰਦਾ ਹੈ।
3267	82	ਵਡਭਾਗੀ ਗੁਰੁ ਪਾਇਆ ਹਰਿ ਅਹਿ ਨਿਸਿ ਲਗਾ ਭਾਉ॥		Vaddabhaagee Gur Paaeiaa Har Ahinis Lagaa Bhaao ||	By great good fortune, the Guru is found; embrace love for the Lord, day and night.	ਜਿਸ ਮਨੁੱਖ ਨੂੰ ਵੱਡੇ ਭਾਗਾਂ ਨਾਲ ਗੁਰੂ ਮਿਲ ਪਿਆ, ਉਸ ਦਾ ਹਰੀ ਨਾਲ ਪ੍ਰੇਮ ਦਿਨ ਰਾਤ ਲੱਗਾ ਰਹਿੰਦਾ ਹੈ।
3268	82	ਜਨ ਨਾਨਕਿ ਬ੍ਰਹਮੁ ਪਛਾਣਿਆ ਹਰਿ ਕੀਰਤਿ ਕਰਮ ਕਮਾਉ॥੨॥		Jan Naanak Breham Pashhaaniaa Har Keerath Karam Kamaao ||2||	Servant Nanak has realized God; he sings the Lord's Praises through the actions he does. ||2||	ਦਾਸ ਨਾਨਕ ਨੇ ਤਾਂ (ਗੁਰੂ ਦੀ ਸਰਨ ਪੈ ਕੇ ਹੀ) ਪਰਮਾਤਮਾ ਨਾਲ ਸਾਂਝ ਪਾਈ ਹੈ, ਤੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਕਰਮ ਦੀ ਕਮਾਈ ਕੀਤੀ ਹੈ ॥੨॥

3269	82	ਮਨਿ ਹਰਿ ਹਰਿ ਲਗਾ ਚਾਉ॥	ਲੱਗਾ	Man Har Har Lagaa Chaao ||	In my mind there is such a deep yearning for the Lord, Har, Har.	(ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੇ) ਮਨ ਵਿਚ ਪਰਮਾਤਮਾ ਦੇ ਸਿਮਰਨ ਦਾ ਚਾਉ ਪੈਦਾ ਹੋਇਆ।
3270	82	ਗੁਰਿ ਪੂਰੈ ਨਾਮੁ ਦ੍ਰਿੜਾਇਆ ਹਰਿ ਮਿਲਿਆ ਹਰਿ ਪ੍ਰਭ ਨਾਉ॥੧॥ਰਹਾਉ॥		Gur Poorai Naam Dhrirraaeiaa Har Miliaa Har Prabh Naao ||1|| Rehaao ||	The Perfect Guru has implanted the Naam within me; I have found the Lord through the Lord God's Name. ||1||Pause||	ਪੂਰੇ ਗੁਰੂ ਨੇ ਉਸ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਪੱਕਾ ਕਰ ਦਿੱਤਾ, ਉਸ ਮਨੁੱਖ ਨੂੰ ਪਰਮਾਤਮਾ ਮਿਲ ਪਿਆ, ਪਰਮਾਤਮਾ ਦਾ ਨਾਮ ਮਿਲ ਪਿਆ ॥੧॥ ਰਹਾਉ ॥
3271	82	ਜਬ ਲਗੁ ਜੋਬਨਿ ਸਾਸੁ ਹੈ ਤਬ ਲਗੁ ਨਾਮੁ ਧਿਆਇ॥		Jab Lag Joban Saas Hai Thab Lag Naam Dhhiaae ||	As long as there is youth and health, meditate on the Naam.	(ਹੇ ਭਾਈ!) ਜਦੋਂ ਤਕ ਜੁਆਨੀ ਵਿਚ ਸਾਹ (ਆ ਰਿਹਾ) ਹੈ, ਤਦ ਤਕ ਪਰਮਾਤਮਾ ਦਾ ਨਾਮ ਸਿਮਰ (ਬੁਢੇਪੇ ਵਿਚ ਨਾਮ ਜਪਣਾ ਔਖਾ ਹੋ ਜਾਏਗਾ)।
3272	82	ਚਲਦਿਆ ਨਾਲਿ ਹਰਿ ਚਲਸੀ ਹਰਿ ਅੰਤੇ ਲਏ ਛਡਾਇ॥		Chaladhiaa Naal Har Chalasee Har Anthae Leae Shhaddaae ||	Along the way, the Lord shall go along with you, and in the end, He shall save you.	ਜੀਵਨ-ਸਫ਼ਰ ਵਿਚ ਹਰਿ-ਨਾਮ ਤੇਰੇ ਨਾਲ ਸਾਥ ਨਿਭਾਹੀ ਚੱਲੇਗਾ, ਅੰਤ ਸਮੇ ਭੀ ਤੈਨੂੰ (ਔਕੜਾਂ ਤੋਂ) ਬਚਾ ਲਏਗਾ।
3273	82	ਹਉ ਬਲਿਹਾਰੀ ਤਿਨ ਕਉ ਜਿਨ ਹਰਿ ਮਨਿ ਵੁਠਾ ਆਇ॥		Ho Balihaaree Thin Ko Jin Har Man Vuthaa Aae ||	I am a sacrifice to those, within whose minds the Lord has come to dwell.	ਮੈਂ ਉਹਨਾਂ ਤੋਂ ਕੁਰਬਾਨ ਹਾਂ, ਜਿਨ੍ਹਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ।

3274	82	ਜਿਨੀ ਹਰਿ ਹਰਿ ਨਾਮੁ ਨ ਚੇਤਿਓ ਸੇ ਅੰਤਿ ਗਏ ਪਛੁਤਾਇ॥		Jinee Har Har Naam N Chaethiou Sae Anth Geae Pashhuthaae ||	Those who have not remembered the Name of the Lord, Har, Har, shall leave with regret in the end.	ਜਿਨ੍ਹਾਂ ਬੰਦਿਆਂ ਨੇ ਪਰਮਾਤਮਾ ਦਾ ਨਾਮ ਨਹੀਂ ਸਿਮਰਿਆ, ਉਹ ਆਖ਼ਰ ਨੂੰ (ਇਥੋਂ) ਪਛਤਾਂਦੇ ਹੀ ਚਲੇ ਗਏ।
3275	82	ਧੁਰਿ ਮਸਤਕਿ ਹਰਿ ਪ੍ਰਭਿ ਲਿਖਿਆ ਜਨ ਨਾਨਕ ਨਾਮੁ ਧਿਆਇ॥੩॥		Dhhur Masathak Har Prabh Likhiaa Jan Naanak Naam Dhhiaae ||3||	Those who have such pre-ordained destiny written upon their foreheads, O servant Nanak, meditate on the Naam. ||3||	(ਪਰ ਇਹ ਜੀਵ ਦੇ ਵੱਸ ਦੀ ਗੱਲ ਨਹੀਂ) ਹੇ ਦਾਸ ਨਾਨਕ! ਹਰੀ-ਪ੍ਰਭੂ ਨੇ ਆਪਣੀ ਧੁਰ ਦਰਗਾਹ ਤੋਂ ਜਿਸ ਮਨੁੱਖ ਦੇ ਮੱਥੇ ਉੱਤੇ (ਸਿਮਰਨ ਕਰਨ ਦਾ ਲੇਖ) ਲਿਖ ਦਿੱਤਾ ਹੈ, ਉਹੀ ਪ੍ਰਭੂ ਦਾ ਨਾਮ ਸਿਮਰਦਾ ਹੈ ॥੩॥
3276	82	ਮਨ ਹਰਿ ਹਰਿ ਪ੍ਰੀਤਿ ਲਗਾਇ॥		Man Har Har Preeth Lagaae ||	O my mind, embrace love for the Lord, Har, Har.	ਹੇ (ਮੇਰੇ) ਮਨ! ਹਰੀ (ਦਾ ਨਾਮ ਸਿਮਰਨ) ਵਿਚ ਪ੍ਰੀਤ ਜੋੜ।
3277	82	ਵਡਭਾਗੀ ਗੁਰੁ ਪਾਇਆ ਗੁਰ ਸਬਦੀ ਪਾਰਿ ਲਘਾਇ॥੧॥ਰਹਾਉ ॥		Vaddabhaagee Gur Paaeiaa Gur Sabadhee Paar Laghaae ||1|| Rehaao ||	By great good fortune, the Guru is found; through the Word of the Guru's Shabad, we are carried across to the other side. ||1||Pause||	ਜਿਸ ਵਡਭਾਗੀ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਗੁਰੂ ਦੇ ਸ਼ਬਦ ਰਾਹੀਂ (ਪ੍ਰਭੂ ਉਸ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੧॥ ਰਹਾਉ ॥

3278	82	ਹਰਿ ਆਪੇ ਆਪੁ ਉਪਾਇਦਾ ਹਰਿ ਆਪੇ ਦੇਵੈ ਲੇਇ॥		Har Aapae Aap Oupaaeidhaa Har Aapae Dhaevai Laee ||	The Lord Himself creates, He Himself gives and takes away.	ਪਰਮਾਤਮਾ ਆਪ ਹੀ ਆਪਣੇ ਆਪ ਨੂੰ (ਜਗਤ ਦੇ ਰੂਪ ਵਿਚ) ਪ੍ਰਗਟ ਕਰਦਾ ਹੈ, ਆਪ ਹੀ (ਜੀਵਾਂ ਨੂੰ ਜਿੰਦ ਸਰੀਰ) ਦੇਂਦਾ ਹੈ, ਤੇ ਆਪ ਹੀ (ਵਾਪਸ) ਲੈ ਲੈਂਦਾ ਹੈ।
3279	82	ਹਰਿ ਆਪੇ ਭਰਮਿ ਭੁਲਾਇਦਾ ਹਰਿ ਆਪੇ ਹੀ ਮਤਿ ਦੇਇ॥		Har Aapae Bharam Bhulaaeidhaa Har Aapae Hee Math Dhaee ||	The Lord Himself leads us astray in doubt; the Lord Himself imparts understanding.	ਪਰਮਾਤਮਾ ਆਪ ਹੀ (ਜੀਵਾਂ ਨੂੰ ਮਾਇਆ ਦੀ) ਭਟਕਣਾ ਵਿਚ (ਪਾ ਕੇ) ਕੁਰਾਹੇ ਪਾ ਦੇਂਦਾ ਹੈ, ਤੇ ਆਪ ਹੀ (ਸਹੀ ਜੀਵਨ ਵਾਸਤੇ) ਅਕਲ ਦੇਂਦਾ ਹੈ।
3280	82	ਗੁਰਮੁਖਾ ਮਨਿ ਪਰਗਾਸੁ ਹੈ ਸੇ ਵਿਰਲੇ ਕੇਈ ਕੇਇ॥		Guramukhaa Man Paragaas Hai Sae Viralae Kaeee Kaee ||	The minds of the Gurmukhs are illuminated and enlightened; they are so very rare.	ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹਨਾਂ ਦੇ ਮਨ ਵਿਚ (ਆਤਮਕ) ਚਾਨਣ ਹੋ ਜਾਂਦਾ ਹੈ, ਪਰ ਅਜੇਹੇ ਬੰਦੇ ਕੋਈ ਵਿਰਲੇ ਹੁੰਦੇ ਹਨ, ਕੋਈ ਵਿਰਲੇ ਹੁੰਦੇ ਹਨ।
3281	82	ਹਉ ਬਲਿਹਾਰੀ ਤਿਨ ਕਉ ਜਿਨ ਹਰਿ ਪਾਇਆ ਗੁਰਮਤੇ॥	ਗੁਰਮੱਤੇ	Ho Balihaaree Thin Ko Jin Har Paaeiaa Guramathae ||	I am a sacrifice to those who find the Lord, through the Guru's Teachings.	ਮੈਂ ਉਹਨਾਂ ਬੰਦਿਆਂ ਤੋਂ ਸਦਕੇ ਜਾਂਦਾ ਹਾਂ, ਜਿਨ੍ਹਾਂ ਨੇ ਗੁਰੂ ਦੀ ਮਤਿ ਲੈ ਕੇ ਪਰਮਾਤਮਾ (ਨਾਲ ਮਿਲਾਪ) ਪ੍ਰਾਪਤ ਕਰ ਲਿਆ ਹੈ।

3282	82	ਜਨ ਨਾਨਕਿ ਕਮਲੁ ਪਰਗਾਸਿਆ ਮਨਿ ਹਰਿ ਹਰਿ ਵੁਠੜਾ ਹੇ॥੪॥	ਵੁੱਠੜਾ	Jan Naanak Kamal Paragaasiaa Man Har Har Vutharraa Hae ||4||	Servant Nanak's heart-lotus has blossomed forth, and the Lord, Har, Har, has come to dwell in the mind. ||4||	(ਗੁਰੂ ਦੀ ਮਿਹਰ ਨਾਲ) ਦਾਸ ਨਾਨਕ ਦੇ ਅੰਦਰ (ਭੀ) ਹਿਰਦਾ-ਕੌਲ-ਫੁੱਲ ਖਿੜ ਪਿਆ ਹੈ, ਮਨ ਵਿਚ ਪਰਮਾਤਮਾ ਆ ਵੱਸਿਆ ਹੈ ॥੪॥
3283	82	ਮਨਿ ਹਰਿ ਹਰਿ ਜਪਨੁ ਕਰੇ॥		Man Har Har Japan Karae ||	O mind, chant the Name of the Lord, Har, Har.	ਹੇ (ਮੇਰੀ) ਜਿੰਦੇ! ਮਨ ਵਿਚ ਹਰੀ ਪਰਮਾਤਮਾ ਦਾ ਜਾਪ ਕਰ।
3284	82	ਹਰਿ ਗੁਰ ਸਰਣਾਈ ਭਜਿ ਪਉ ਜਿੰਦੂ ਸਭ ਕਿਲਵਿਖ ਦੁਖ ਪਰਹਰੇ॥੧॥ਰਹਾਉ॥	ਭੱਜਿ	Har Gur Saranaaee Bhaj Po Jindhoo Sabh Kilavikh Dhukh Pareharae ||1|| Rehaao ||	Hurry to the Sanctuary of the Lord, the Guru, O my soul; all your sins shall be taken away. ||1||Pause||	ਦੌੜ ਕੇ ਪਰਮਾਤਮਾ ਦੀ ਸਰਨ ਜਾ ਪਉ, ਗੁਰੂ ਦੀ ਸਰਨ ਜਾ ਪਉ, ਆਪਣੇ ਸਾਰੇ ਪਾਪ ਤੇ ਦੁੱਖ ਦੂਰ ਕਰ ਲੈ ॥੧॥ ਰਹਾਉ ॥
3285	82	ਘਟਿ ਘਟਿ ਰਮਈਆ ਮਨਿ ਵਸੈ ਕਿਉ ਪਾਈਐ ਕਿਤੁ ਭਤਿ॥	ਰ-ਮਈਆ। ਭਤਿ: ਪੋਲਾ ਬੋਲੋ। (ਭਤਿ) ਕਿਸ ਤਰ੍ਹਾਂ	Ghatt Ghatt Rameeaa Man Vasai Kio Paaeeai Kith Bhath ||	The All-pervading Lord dwells within each and every person's heart-how can He be obtained?	ਹਰੇਕ ਘਟ ਵਿਚ, ਹਰੇਕ ਮਨ ਵਿਚ ਸੋਹਣਾ ਰਾਮ ਵੱਸਦਾ ਹੈ (ਪਰ ਦਿੱਸਦਾ ਨਹੀਂ। ਉਹ) ਕਿਵੇਂ ਲੱਭੇ? ਕਿਸ ਤਰੀਕੇ ਨਾਮ ਮਿਲੇ?

3286	82	ਗੁਰੁ ਪੂਰਾ ਸਤਿਗੁਰੁ ਭੇਟੀਐ ਹਰਿ ਆਇ ਵਸੈ ਮਨਿ ਚਿਤਿ॥		Gur Pooraa Sathigur Bhaetteeai Har Aae Vasai Man Chith ||	By meeting the Perfect Guru, the True Guru, the Lord comes to dwell within the conscious mind.	ਜੇ ਗੁਰੂ ਲੱਭ ਪਏ, ਜੋ ਪੂਰਾ ਸਤਿਗੁਰੂ ਮਿਲ ਪਏ, ਤਾਂ ਪਰਮਾਤਮਾ (ਆਪ) ਆ ਕੇ ਮਨ ਵਿਚ ਚਿੱਤ ਵਿਚ ਵੱਸ ਪੈਂਦਾ ਹੈ।
3287	82	ਮੈ ਧਰ ਨਾਮੁ ਅਧਾਰੁ ਹੈ ਹਰਿ ਨਾਮੈ ਤੇ ਗਤਿ ਮਤਿ॥	ਗਤਿ: ਪੋਲਾ ਬੋਲੋ। ਮੱਤਿ	Mai Dhhar Naam Adhhaar Hai Har Naamai Thae Gath Math ||	The Naam is my Support and Sustenance. From the Lord's Name, I obtain salvation and understanding.	ਮੇਰੇ ਵਾਸਤੇ ਤਾਂ ਪਰਮਾਤਮਾ ਦਾ ਨਾਮ ਹੀ ਆਸਰਾ-ਪਰਨਾ ਹੈ, ਪਰਮਾਤਮਾ ਦੇ ਨਾਮ ਤੋਂ ਹੀ ਉੱਚੀ ਆਤਮਕ ਅਵਸਥਾ ਮਿਲਦੀ ਹੈ, ਤੇ ਅਕਲ ਮਿਲਦੀ ਹੈ।
3288	82	ਮੈ ਹਰਿ ਹਰਿ ਨਾਮੁ ਵਿਸਾਹੁ ਹੈ ਹਰਿ ਨਾਮੇ ਹੀ ਜਤਿ ਪਤਿ॥	ਜਤਿ, ਪਤਿ: ਪੋਲੇ ਬੋਲੋ	Mai Har Har Naam Visaahu Hai Har Naamae Hee Jath Path ||	My faith is in the Name of the Lord, Har, Har. The Lord's Name is my status and honor.	ਮੇਰੇ ਪਾਸ ਤਾਂ ਪਰਮਾਤਮਾ ਦਾ ਨਾਮ ਹੀ ਰਾਸਿ-ਪੂੰਜੀ ਹੈ, ਪਰਮਾਤਮਾ ਦੇ ਨਾਮ ਵਿਚ ਜੁੜਨਾ ਹੀ (ਮੇਰੇ ਵਾਸਤੇ) ਉੱਚੀ ਜਾਤਿ ਹੈ, ਤੇ (ਲੋਕ ਪਰਲੋਕ ਦੀ) ਇੱਜ਼ਤ ਹੈ।
3289	82	ਜਨ ਨਾਨਕ ਨਾਮੁ ਧਿਆਇਆ ਰੰਗਿ ਰਤੜਾ ਹਰਿ ਰੰਗਿ ਰਤਿ॥੫॥	ਰੱਤੜਾ। ਰੱਤਿ	Jan Naanak Naam Dhhiaaeiaa Rang Ratharraa Har Rang Rath ||5||	Servant Nanak meditates on the Naam, the Name of the Lord; He is dyed in the deep crimson color of the Lord's Love. ||5||	ਹੇ ਦਾਸ ਨਾਨਕ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਹ ਪਰਮਾਤਮਾ ਦੇ ਰੰਗ ਵਿਚ ਰੰਗਿਆ ਰਹਿੰਦਾ ਹੈ, ਪਰਮਾਤਮਾ ਦੇ ਨਾਮ-ਰੰਗ ਵਿਚ ਉਸ ਦੀ ਪ੍ਰੀਤਿ ਬਣੀ ਰਹਿੰਦੀ ਹੈ ॥੫॥
3290	82	ਹਰਿ ਧਿਆਵਹੁ ਹਰਿ ਪ੍ਰਭੁ ਸਤਿ॥		Har Dhhiaavahu Har Prabh Sath ||	Meditate on the Lord, the True Lord God.	(ਹੇ ਭਾਈ!) ਸਦਾ ਕਾਇਮ ਰਹਿਣ ਵਾਲੇ ਹਰਿ-ਪ੍ਰਭੂ ਨੂੰ ਸਿਮਰਦੇ ਰਹੋ।

3291	82	ਗੁਰ ਬਚਨੀ ਹਰਿ ਪ੍ਰਭੁ ਜਾਣਿਆ ਸਭ ਹਰਿ ਪ੍ਰਭੁ ਤੇ ਉਤਪਤਿ॥੧॥ਰਹਾਉ ॥	ਉਤਪਤਿ: ਪੋਲਾ ਬੋਲੋ	Gur Bachanee Har Prabh Jaaniaa Sabh Har Prabh Thae Outhapath ||1|| Rehaao ||	Through the Guru's Word, you shall come to know the Lord God. From the Lord God, everything was created. ||1||Pause||	ਜਿਸ ਹਰੀ-ਪ੍ਰਭੂ ਤੋਂ ਇਹ ਸਾਰੀ ਜਗਤ-ਰਚਨਾ ਹੋਈ, ਉਸ ਹਰੀ-ਪ੍ਰਭੂ ਨਾਲ ਡੂੰਘੀ ਸਾਂਝ ਗੁਰੂ ਦੇ ਬਚਨਾਂ ਦੀ ਰਾਹੀਂ ਹੀ ਪੈ ਸਕਦੀ ਹੈ ॥੧॥ ਰਹਾਉ ॥
3292	82	ਜਿਨ ਕਉ ਪੂਰਬਿ ਲਿਖਿਆ ਸੇ ਆਇ ਮਿਲੇ ਗੁਰ ਪਾਸਿ॥		Jin Ko Poorab Likhiaa Sae Aae Milae Gur Paas ||	Those who have such pre-ordained destiny, come to the Guru and meet Him.	ਜਿਨ੍ਹਾਂ ਮਨੁੱਖਾਂ ਨੂੰ ਪਹਿਲੇ ਜਨਮ (ਵਿਚ ਕੀਤੇ ਕਰਮਾਂ ਅਨੁਸਾਰ ਭਲੇ ਸੰਸਕਾਰਾਂ ਦਾ) ਲਿਖਿਆ ਹੋਇਆ (ਲੇਖ ਪ੍ਰਾਪਤ ਹੋ ਜਾਂਦਾ ਹੈ, ਜਿਨ੍ਹਾਂ ਦੇ ਅੰਦਰ ਪੂਰਬਲੇ ਚੰਗੇ ਸੰਸਕਾਰ ਜਾਗ ਪੈਂਦੇ ਹਨ), ਉਹ ਮਨੁੱਖ ਗੁਰੂ ਦੇ ਕੋਲ ਆ ਕੇ (ਗੁਰੂ ਦੇ ਚਰਨਾਂ ਵਿਚ) ਮਿਲ ਬੈਠਦੇ ਹਨ।
3293	82	ਸੇਵਕ ਭਾਇ ਵਣਜਾਰਿਆ ਮਿਤ੍ਰਾ ਗੁਰੁ ਹਰਿ ਹਰਿ ਨਾਮੁ ਪ੍ਰਗਾਸਿ॥		Saevak Bhaae Vanajaariaa Mithraa Gur Har Har Naam Pragaas ||	They love to serve, O my merchant friend, and through the Guru, they are illuminated by the Name of the Lord, Har, Har.	ਹਰਿ-ਨਾਮ ਦਾ ਵਣਜ ਕਰਨ ਆਏ ਹੇ ਮਿਤ੍ਰ! ਸੇਵਕ-ਭਾਵ ਵਿਚ ਰਿਹਾਂ ਗੁਰੂ (ਉਹਨਾਂ ਦੇ ਅੰਦਰ) ਪਰਮਾਤਮਾ ਦਾ ਨਾਮ ਪਰਗਟ ਕਰ ਦੇਂਦਾ ਹੈ।

3294	82	ਧਨੁ ਧਨੁ ਵਣਜੁ ਵਾਪਾਰੀਆ ਜਿਨ ਵਖਰੁ ਲਦਿਅੜਾ ਹਰਿ ਰਾਸਿ॥	ਵੱਖਰੁ। ਲੱਦਿਅੜਾ	Dhhan Dhhan Vanaj Vaapaareeaa Jin Vakhar Ladhiarraa Har Raas ||	Blessed, blessed is the trade of those traders who have loaded the merchandise of the Wealth of the Lord.	(ਜੀਵ-ਵਣਜਾਰਿਆਂ ਦਾ ਇਹ) ਵਣਜ ਵਡਿਆਉਣ-ਜੋਗ ਹੈ, ਉਹ ਜੀਵ-ਵਣਜਾਰੇ ਭੀ ਭਾਗਾਂ ਵਾਲੇ ਹਨ ਜਿਨ੍ਹਾਂ ਨੇ ਪਰਮਾਤਮਾ ਦੇ ਨਾਮ ਦਾ ਸੌਦਾ ਲੱਦਿਆ ਹੈ ਜਿਨ੍ਹਾਂ ਨੇ ਹਰਿ-ਨਾਮ ਦਾ ਸਰਮਾਇਆ ਇਕੱਠਾ ਕੀਤਾ ਹੈ।
3295	82	ਗੁਰਮੁਖਾ ਦਰਿ ਮੁਖ ਉਜਲੇ ਸੇ ਆਇ ਮਿਲੇ ਹਰਿ ਪਾਸਿ॥		Guramukhaa Dhar Mukh Oujalae Sae Aae Milae Har Paas ||	The faces of the Gurmukhs are radiant in the Court of the Lord; they come to the Lord and merge with Him.	ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦਿਆਂ ਦੇ ਮੂੰਹ ਪਰਮਾਤਮਾ ਦੇ ਦਰ ਤੇ ਰੌਸ਼ਨ ਰਹਿੰਦੇ ਹਨ, ਉਹ ਪਰਮਾਤਮਾ ਦੇ ਚਰਨਾਂ ਵਿਚ ਆ ਮਿਲਦੇ ਹਨ।
3296	82	ਜਨ ਨਾਨਕ ਗੁਰੁ ਤਿਨ ਪਾਇਆ ਜਿਨਾ ਆਪਿ ਤੁਠਾ ਗੁਣਤਾਸਿ॥੬॥		Jan Naanak Gur Thin Paaeiaa Jinaa Aap Thuthaa Gunathaas ||6||	O servant Nanak, they alone find the Guru, with whom the Lord, the Treasure of Excellence, is pleased. ||6||	(ਪਰ) ਹੇ ਦਾਸ ਨਾਨਕ! ਗੁਰੂ (ਭੀ) ਉਹਨਾਂ ਨੂੰ ਹੀ ਮਿਲਦਾ ਹੈ, ਜਿਨ੍ਹਾਂ ਉੱਤੇ ਸਾਰੇ ਗੁਣਾਂ ਦਾ ਖ਼ਜ਼ਾਨਾ ਪਰਮਾਤਮਾ ਆਪ ਪ੍ਰਸੰਨ ਹੁੰਦਾ ਹੈ ॥੬॥
3297	82	ਹਰਿ ਧਿਆਵਹੁ ਸਾਸਿ ਗਿਰਾਸਿ॥		Har Dhhiaavahu Saas Giraas ||	Meditate on the Lord, with every breath and morsel of food.	(ਹੇ ਭਾਈ!) ਹਰੇਕ ਸਾਹ ਦੇ ਨਾਲ ਹਰੇਕ ਗਿਰਾਹੀ ਦੇ ਨਾਲ ਪਰਮਾਤਮਾ ਦਾ ਧਿਆਨ ਧਰਦੇ ਰਹੋ।

3298	82	ਮਨਿ ਪ੍ਰੀਤਿ ਲਗੀ ਤਿਨਾ ਗੁਰਮੁਖਾ ਹਰਿ ਨਾਮੁ ਜਿਨਾ ਰਹਰਾਸਿ॥੧॥ਰਹਾਉ ॥੧॥		Man Preeth Lagee Thinaa Guramukhaa Har Naam Jinaa Reharaas ||1|| Rehaao ||1||	The Gurmukhs embrace the Love of the Lord in their minds; they are continually occupied with the Lord's Name. ||1||Pause||1||	ਗੁਰੂ ਦੇ ਸਨਮੁਖ ਰਹਿਣ ਵਾਲੇ ਜਿਨ੍ਹਾਂ ਮਨੁੱਖਾਂ ਨੇ ਪ੍ਰਭੂ ਦੇ ਨਾਮ ਨੂੰ ਆਪਣੇ ਜੀਵਨ ਰਾਹ ਦੀ ਰਾਸਿ-ਪੂੰਜੀ ਬਣਾਇਆ ਹੈ, ਉਹਨਾਂ ਦੇ ਮਨ ਵਿਚ ਪਰਮਾਤਮਾ (ਦੇ ਚਰਨਾਂ) ਦੀ ਪ੍ਰੀਤਿ ਬਣੀ ਰਹਿੰਦੀ ਹੈ ॥੧॥ ਰਹਾਉ ॥
3299	83	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
3300	83	ਸਿਰੀਰਾਗ ਕੀ ਵਾਰ ਮਹਲਾ ੪ ਸਲੋਕਾ ਨਾਲਿ॥		Sireeraag Kee Vaar Mehalaa 4 Salokaa Naal ||	Vaar Of Siree Raag, Fourth Mehl, With Shaloks:	ਰਾਗ ਸਿਰੀਰਾਗ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਵਾਰ' ਜਿਸ ਵਿੱਚ 'ਸਲੋਕ' ਵੀ ਹਨ।
3301	83	ਸਲੋਕ ਮਃ ੩॥		Salok Ma 3 ||	Shalok, Third Mehl:	
3302	83	ਰਾਗਾ ਵਿਚਿ ਸ੍ਰੀਰਾਗੁ ਹੈ ਜੇ ਸਚਿ ਧਰੇ ਪਿਆਰੁ॥		Raagaa Vich Sreeraag Hai Jae Sach Dhharae Piaar ||	Among the ragas, Siree Raag is the best, if it inspires you to enshrine love for the True Lord.	(ਸਭ) ਰਾਗਾਂ ਵਿਚੋਂ ਸ੍ਰੀ ਰਾਗ (ਤਦ ਹੀ ਸ੍ਰੇਸ਼ਟ) ਹੈ, ਜੇ (ਇਸ ਦੀ ਰਾਹੀਂ ਜੀਵ) ਸਦਾ-ਥਿਰ ਨਾਮ ਵਿਚ ਪਿਆਰ (ਲਿਵ) ਜੋੜੇ।

3303	83	ਸਦਾ ਹਰਿ ਸਚੁ ਮਨਿ ਵਸੈ ਨਿਹਚਲ ਮਤਿ ਅਪਾਰੁ॥		Sadhaa Har Sach Man Vasai Nihachal Math Apaar ||	The True Lord comes to abide forever in the mind, and your understanding becomes steady and unequalled.	ਹਰੀ ਸਦਾ ਮਨ ਵਿਚ ਵੱਸੇ ਤੇ ਅਪਾਰ ਪ੍ਰਭੂ (ਨੂੰ ਯਾਦ ਕਰਨ ਵਾਲੀ) ਬੁੱਧੀ ਅਚੱਲ ਹੋ ਜਾਏ।
3304	83	ਰਤਨੁ ਅਮੋਲਕੁ ਪਾਇਆ ਗੁਰ ਕਾ ਸਬਦੁ ਬੀਚਾਰੁ॥		Rathan Amolak Paaeiaa Gur Kaa Sabadh Beechaar ||	The priceless jewel is obtained, by contemplating the Word of the Guru's Shabad.	(ਇਸ ਦਾ ਸਿੱਟਾ ਇਹ ਹੁੰਦਾ ਹੈ ਕਿ) ਗੁਰਬਾਣੀ ਦੀ ਵਿਚਾਰ ਰੂਪੀ ਅਮੋਲਕ ਰਤਨ ਪ੍ਰਾਪਤ ਹੁੰਦਾ ਹੈ।
3305	83	ਜਿਹਵਾ ਸਚੀ ਮਨੁ ਸਚਾ ਸਚਾ ਸਰੀਰ ਅਕਾਰੁ॥		Jihavaa Sachee Man Sachaa Sachaa Sareer Akaar ||	The tongue becomes true, the mind becomes true, and the body becomes true as well.	ਜੀਭ ਸੱਚੀ, ਮਨ ਸੱਚਾ ਤੇ ਮਨੁੱਖਾ ਜਨਮ ਹੀ ਸਫਲ ਹੋ ਜਾਂਦਾ ਹੈ।
3306	83	ਨਾਨਕ ਸਚੈ ਸਤਿਗੁਰਿ ਸੇਵਿਐ ਸਦਾ ਸਚੁ ਵਾਪਾਰੁ॥੧॥		Naanak Sachai Sathigur Saeviai Sadhaa Sach Vaapaar ||1||	O Nanak, forever true are the dealings of those who serve the True Guru. ||1||	ਪਰ, ਹੇ ਨਾਨਕ! ਇਹ ਸੱਚਾ ਵਪਾਰ ਤਾਂ ਹੀ ਕੀਤਾ ਜਾ ਸਕਦਾ ਹੈ ਜੇ ਸਦਾ-ਥਿਰ ਪ੍ਰਭੂ ਦੇ ਰੂਪ ਗੁਰੂ ਦੇ ਹੁਕਮ ਵਿਚ ਤੁਰੀਏ ॥੧॥
3307	83	ਮਃ ੩॥		Ma 3 ||	Third Mehl:	
3308	83	ਹੋਰੁ ਬਿਰਹਾ ਸਭ ਧਾਤੁ ਹੈ ਜਬ ਲਗੁ ਸਾਹਿਬ ਪ੍ਰੀਤਿ ਨ ਹੋਇ॥		Hor Birehaa Sabh Dhhaath Hai Jab Lag Saahib Preeth N Hoe ||	All other loves are transitory, as long as people do not love their Lord and Master.	ਜਦ ਤਾਈਂ ਮਾਲਕ ਨਾਲ ਪ੍ਰੀਤਿ (ਉਤਪੰਨ) ਨਹੀਂ ਹੁੰਦੀ, ਹੋਰ ਪਿਆਰ ਸਭ ਮਾਇਆ (ਦਾ ਪਿਆਰ) ਹੈ।

3309	83	ਇਹੁ ਮਨੁ ਮਾਇਆ ਮੋਹਿਆ ਵੇਖਣੁ ਸੁਨਣੁ ਨ ਹੋਇ॥		Eihu Man Maaeiaa Mohiaa Vaekhan Sunan N Hoe ||	This mind is enticed by Maya-it cannot see or hear.	ਤੇ ਮਾਇਆ ਵਿਚ ਮੋਹਿਆ ਇਹ ਮਨ (ਪ੍ਰਭੂ ਨੂੰ) ਵੇਖ ਤੇ ਸੁਣ ਨਹੀਂ ਸਕਦਾ।
3310	83	ਸਹ ਦੇਖੇ ਬਿਨੁ ਪ੍ਰੀਤਿ ਨ ਊਪਜੈ ਅੰਧਾ ਕਿਆ ਕਰੇਇ॥		Seh Dhaekhae Bin Preeth N Oopajai Andhhaa Kiaa Karaee ||	Without seeing her Husband Lord, love does not well up; what can the blind person do?	ਅੰਨ੍ਹਾ (ਮਨ) ਕਰੇ ਭੀ ਕੀਹ? (ਪ੍ਰਭੂ) ਪਤੀ ਨੂੰ ਵੇਖਣ ਤੋਂ ਬਿਨਾ ਪ੍ਰੀਤਿ ਪੈਦਾ ਹੀ ਨਹੀਂ ਹੋ ਸਕਦੀ।
3311	83	ਨਾਨਕ ਜਿਨਿ ਅਖੀ ਲੀਤੀਆ ਸੋਈ ਸਚਾ ਦੇਇ॥੨॥	ਅੱਖੀਂ	Naanak Jin Akhee Leetheeaa Soee Sachaa Dhaee ||2||	O Nanak, the True One who takes away the eyes of spiritual wisdom-He alone can restore them. ||2||	ਹੇ ਨਾਨਕ! (ਮਾਇਆ ਵਿਚ ਫਸਾ ਕੇ) ਜਿਸ ਪ੍ਰਭੂ ਨੇ ਅੰਨ੍ਹਾ ਕੀਤਾ ਹੈ, ਉਹੀ ਸਦਾ-ਥਿਰ ਪ੍ਰਭੂ ਮੁੜ ਅੱਖਾਂ ਦੇਂਦਾ ਹੈ ॥੨॥
3312	83	ਪਉੜੀ॥		Pourree ||	Pauree:	
3313	83	ਹਰਿ ਇਕੋ ਕਰਤਾ ਇਕੁ ਇਕੋ ਦੀਬਾਣੁ ਹਰਿ॥		Har Eiko Karathaa Eik Eiko Dheebaan Har ||	The Lord alone is the One Creator; there is only the One Court of the Lord.	ਹੇ ਭਾਈ! ਇਕੋ ਪ੍ਰਭੂ (ਸਭ ਦਾ) ਕਰਨਹਾਰ ਤੇ ਆਸਰਾ ਹੈ।

3314	83	ਹਰਿ ਇਕਸੈ ਦਾ ਹੈ ਅਮਰੁ ਇਕੋ ਹਰਿ ਚਿਤਿ ਧਰਿ॥		Har Eikasai Dhaa Hai Amar Eiko Har Chith Dhhar ||	The One Lord's Command is the One and Only-enshrine the One Lord in your consciousness.	ਇਕੋ ਪ੍ਰਭੂ ਦਾ ਹੁਕਮ (ਵਰਤ ਰਿਹਾ ਹੈ), (ਇਸ ਕਰਕੇ) ਉਸ ਨੂੰ ਹਿਰਦੇ ਵਿਚ ਸੰਭਾਲ।
3315	83	ਹਰਿ ਤਿਸੁ ਬਿਨੁ ਕੋਈ ਨਾਹਿ ਡਰੁ ਭ੍ਰਮੁ ਭਉ ਦੂਰਿ ਕਰਿ॥		Har This Bin Koee Naahi Ddar Bhram Bho Dhoor Kar ||	Without that Lord, there is no other at all. Remove your fear, doubt and dread.	ਉਸ ਪਰਮਾਤਮਾ ਦਾ ਕੋਈ ਸ਼ਰੀਕ ਨਹੀਂ, (ਤਾਂ ਤੇ) ਹੋਰ ਦਾ ਡਰ ਤੇ ਭਰਮ ਦੂਰ ਕਰ ਦੇਹ।
3316	83	ਹਰਿ ਤਿਸੈ ਨੋ ਸਾਲਾਹਿ ਜਿ ਤੁਧੁ ਰਖੈ ਬਾਹਰਿ ਘਰਿ॥	ਬਾ-ਹਰਿ: ਹ ਮੁਕਤਾ, ਰ ਸਿਹਾਰੀ ਲਾ ਕੇ	Har Thisai No Saalaahi J Thudhh Rakhai Baahar Ghar ||	Praise that Lord who protects you, inside your home, and outside as well.	(ਹੇ ਜੀਵ!) ਉਸੇ ਹਰੀ ਦੀ ਉਸਤਤਿ ਕਰ ਜੋ ਤੇਰੀ ਸਭ ਥਾਈਂ ਰਾਖੀ ਕਰਦਾ ਹੈ।
3317	83	ਹਰਿ ਜਿਸ ਨੋ ਹੋਇ ਦਇਆਲੁ ਸੋ ਹਰਿ ਜਪਿ ਭਉ ਬਿਖਮੁ ਤਰਿ॥੧॥		Har Jis No Hoe Dhaeiaal So Har Jap Bho Bikham Thar ||1||	When that Lord becomes merciful, and one comes to chant the Lord's Name, one swims across the ocean of fear. ||1||	ਜਿਸ ਉਤੇ ਪਰਮਾਤਮਾ ਦਿਆਲ ਹੁੰਦਾ ਹੈ, ਉਹ ਜੀਵ ਉਸ ਨੂੰ ਸਿਮਰ ਕੇ ਔਖੇ (ਸੰਸਾਰ ਦੇ) ਡਰ ਤੋਂ ਪਾਰ ਹੁੰਦਾ ਹੈ ॥੧॥
3318	83	ਸਲੋਕ ਮਃ ੧॥	ਦੱਤੀਂ	Salok Ma 1 ||	Shalok, First Mehl:	

3319	83	ਦਾਤੀ ਸਾਹਿਬ ਸੰਦੀਆ ਕਿਆ ਚਲੈ ਤਿਸੁ ਨਾਲਿ॥		Dhaathee Saahib Sandheeaa Kiaa Chalai This Naal ||	The gifts belong to our Lord and Master; how can we compete with Him?	(ਸਾਰੀਆਂ) ਦਾਤਾਂ ਮਾਲਕ ਦੀਆਂ ਹਨ, ਉਸ ਨਾਲ ਕੋਈ ਜ਼ੋਰ ਨਹੀਂ ਚੱਲ ਸਕਦਾ।
3320	83	ਇਕ ਜਾਗੰਦੇ ਨਾ ਲਹੰਨਿ ਇਕਨਾ ਸੁਤਿਆ ਦੇਇ ਉਠਾਲਿ॥੧॥		Eik Jaagandhae Naa Lehann Eikanaa Suthiaa Dhaee Outhaal ||1||	Some remain awake and aware, and do not receive these gifts, while others are awakened from their sleep to be blessed. ||1||	ਕਈ ਜਾਗਦੇ ਜੀਵਾਂ ਨੂੰ ਭੀ ਨਹੀਂ ਲੱਭੀਆਂ, ਤੇ ਇਕਨਾ ਸੁੱਤਿਆਂ ਨੂੰ ਉਠਾ ਕੇ (ਦਾਤਾਂ) ਦੇ ਦੇਂਦਾ ਹੈ ॥੧॥
3321	83	ਮਃ ੧॥	(ਸਾਦਿਕਾਂ) ਸਿਦਕ ਵਾਲੇ ਗੁਰਸੇਵਕਾਂ। (ਮਲਾਇਕਾਂ) ਰਾਮ ਸਰੂਪ ਸਤਿਗੁਰਾਂ	Ma 1 ||	First Mehl:	
3322	83	ਸਿਦਕੁ ਸਬੂਰੀ ਸਾਦਿਕਾ ਸਬਰੁ ਤੋਸਾ ਮਲਾਇਕਾਂ॥		Sidhak Sabooree Saadhikaa Sabar Thosaa Malaaeikaan ||	Faith, contentment and tolerance are the food and provisions of the angels.	ਸਿਦਕੀਆਂ ਕੋਲ ਭਰੋਸੇ ਤੇ ਸ਼ੁਕਰ ਦੀ, ਅਤੇ ਗੁਰਮੁਖਾਂ ਪਾਸ ਸਬਰ (ਸੰਤੋਖ) ਦੀ ਰਾਸਿ ਹੁੰਦੀ ਹੈ।
3323	83	ਦੀਦਾਰੁ ਪੂਰੇ ਪਾਇਸਾ ਥਾਉ ਨਾਹੀ ਖਾਇਕਾ॥੨॥	ਖਾਇਕਾਂ। ਮੂਰਖਾਂ।	Dheedhaar Poorae Paaeisaa Thhaao Naahee Khaaeikaa ||2||	They obtain the Perfect Vision of the Lord, while those who gossip find no place of rest. ||2||	(ਇਸ ਕਰਕੇ) ਉਹ ਪੂਰੇ ਪ੍ਰਭੂ ਦਾ ਦਰਸ਼ਨ ਕਰ ਲੈਂਦੇ ਹਨ। (ਪਰ) ਨਿਰੀਆਂ ਗੱਲਾਂ ਕਰਨ ਵਾਲਿਆਂ ਨੂੰ ਥਾਉਂ ਭੀ ਨਹੀਂ ਮਿਲਦੀ ॥੨॥
3324	83	ਪਉੜੀ॥		Pourree ||	Pauree:	

3325	83	ਸਭ ਆਪੇ ਤੁਧੁ ਉਪਾਇ ਕੈ ਆਪਿ ਕਾਰੈ ਲਾਈ॥		Sabh Aapae Thudhh Oupaae Kai Aap Kaarai Laaee ||	You Yourself created all; You Yourself delegate the tasks.	(ਹੇ ਹਰੀ!) ਤੂੰ ਆਪਿ ਹੀ ਸਾਰੀ (ਸ੍ਰਿਸ਼ਟੀ) ਰਚ ਕੇ ਆਪਿ ਹੀ ਕੰਮਾਂ ਧੰਧਿਆਂ ਵਿਚ ਲਾ ਦਿੱਤੀ ਹੈ,
3326	83	ਤੂੰ ਆਪੇ ਵੇਖਿ ਵਿਗਸਦਾ ਆਪਣੀ ਵਡਿਆਈ॥	ਵਿਗਸ-ਦਾ: ਪੋਲਾ ਬੋਲੋ	Thoon Aapae Vaekh Vigasadhaa Aapanee Vaddiaaee ||	You Yourself are pleased, beholding Your Own Glorious Greatness.	ਆਪਣੀ ਇਹ ਬਜ਼ੁਰਗੀ ਵੇਖ ਕੇ ਭੀ ਤੂੰ ਆਪਿ ਹੀ ਪ੍ਰਸੰਨ ਹੋ ਰਿਹਾ ਹੈਂ।
3327	83	ਹਰਿ ਤੁਧਹੁ ਬਾਹਰਿ ਕਿਛੁ ਨਾਹੀ ਤੂੰ ਸਚਾ ਸਾਂਈ॥	ਬਾ-ਹਰਿ: ਹ ਮੁਕਤਾ, ਰ ਸਿਹਾਰੀ ਲਾ ਕੇ।ਸਾਂਈਂ	Har Thudhhahu Baahar Kishh Naahee Thoon Sachaa Saaee ||	O Lord, there is nothing at all beyond You. You are the True Lord.	ਤੂੰ ਸਦਾ ਕਾਇਮ ਰਹਿਣ ਵਾਲਾ ਮਾਲਕ ਹੈਂ ਤੈਥੋਂ ਪਰੇ ਕੁਝ ਨਹੀਂ।
3328	83	ਤੂੰ ਆਪੇ ਆਪਿ ਵਰਤਦਾ ਸਭਨੀ ਹੀ ਥਾਈ॥	ਥਾਈਂ	Thoon Aapae Aap Varathadhaa Sabhanee Hee Thhaaee ||	You Yourself are contained in all places.	ਸਭ ਥਾਈਂ ਤੂੰ ਆਪਿ ਹੀ ਵਿਆਪ ਰਿਹਾ ਹੈਂ।
3329	83	ਹਰਿ ਤਿਸੈ ਧਿਆਵਹੁ ਸੰਤ ਜਨਹੁ ਜੋ ਲਏ ਛਡਾਈ॥੨॥		Har Thisai Dhhiaavahu Santh Janahu Jo Leae Shhaddaaee ||2||	Meditate on that Lord, O Saints; He shall rescue and save you. ||2||	ਹੇ ਗੁਰਮੁਖੋ! ਉਸ ਪ੍ਰਭੂ ਦਾ ਸਿਮਰਨ ਕਰੋ ਜੋ (ਵਿਕਾਰਾਂ ਤੋਂ) ਛਡਾ ਲੈਂਦਾ ਹੈ ॥੨॥
3330	83	ਸਲੋਕ ਮਃ ੧॥	ਫੱਕੜ	Salok Ma 1 ||	Shalok, First Mehl:	

3331	83	ਫਕੜ ਜਾਤੀ ਫਕੜੁ ਨਾਉ॥		Fakarr Jaathee Fakarr Naao ||	Pride in social status is empty; pride in personal glory is useless.	ਜਾਤਿ (ਦਾ ਅਹੰਕਾਰ) ਤੇ ਨਾਮ (ਵਡੱਪਣ ਦਾ ਅਹੰਕਾਰ) ਵਿਅਰਥ ਹਨ।
3332	83	ਸਭਨਾ ਜੀਆ ਇਕਾ ਛਾਉ॥		Sabhanaa Jeeaa Eikaa Shhaao ||	The One Lord gives shade to all beings.	(ਅਸਲ ਵਿਚ) ਸਾਰੇ ਜੀਵਾਂ ਦੀ ਇਕੋ ਹੀ ਨੁਹਾਰ ਹੁੰਦੀ ਹੈ (ਭਾਵ, ਆਤਮਾ ਸਭ ਦਾ ਇਕ ਹੀ ਹੈ)।
3333	83	ਆਪਹੁ ਜੇ ਕੋ ਭਲਾ ਕਹਾਏ॥		Aapahu Jae Ko Bhalaa Kehaaeae ||	You may call yourself good;	(ਜਾਤੀ ਜਾਂ ਵਡਿਆਈ ਦੇ ਆਸਰੇ) ਜੇ ਕੋਈ ਜੀਵ ਆਪਣੇ ਆਪ ਨੂੰ ਚੰਗਾ ਅਖਵਾਏ (ਤਾਂ ਉਹ ਚੰਗਾ ਨਹੀਂ ਬਣ ਜਾਂਦਾ)।
3334	83	ਨਾਨਕ ਤਾ ਪਰੁ ਜਾਪੈ ਜਾ ਪਤਿ ਲੇਖੈ ਪਾਏ॥੧॥		Naanak Thaa Par Jaapai Jaa Path Laekhai Paaeae ||1||	O Nanak, this will only be known when your honor is approved in God's Account. ||1||	ਹੇ ਨਾਨਕ! (ਜੀਵ) ਤਾਂ ਹੀ ਚੰਗਾ ਜਾਣਿਆ ਜਾਂਦਾ ਹੈ, ਜੇ ਲੇਖੇ ਵਿਚ (ਭਾਵ, ਸੱਚੀ ਦਰਗਾਹ ਵਿਚ ਲੇਖੇ ਵੇਲੇ) ਆਦਰ ਹਾਸਲ ਕਰੇ ॥੧॥
3335	83	ਮਃ ੨॥		Ma 2 ||	Second Mehl:	
3336	83	ਜਿਸੁ ਪਿਆਰੇ ਸਿਉ ਨੇਹੁ ਤਿਸੁ ਆਗੈ ਮਰਿ ਚਲੀਐ॥		Jis Piaarae Sio Naehu This Aagai Mar Chaleeai ||	Die before the one whom you love;	ਜਿਸ ਪਿਆਰੇ ਨਾਲ ਪਿਆਰ (ਹੋਵੇ), (ਜਾਤੀ ਆਦਿਕ ਦਾ) ਅਹੰਕਾਰ ਛੱਡ ਕੇ ਉਸ ਦੇ ਸਨਮੁਖ ਰਹਿਣਾ ਚਾਹੀਦਾ ਹੈ।
3337	83	ਧ੍ਰਿਗੁ ਜੀਵਣੁ ਸੰਸਾਰਿ ਤਾ ਕੈ ਪਾਛੈ ਜੀਵਣਾ॥੨॥		Dhhrig Jeevan Sansaar Thaa Kai Paashhai Jeevanaa ||2||	To live after he dies is to live a worthless life in this world. ||2||	ਸੰਸਾਰ ਵਿਚ ਉਸ ਤੋਂ ਬੇਮੁਖ ਹੋ ਕੇ ਜੀਊਣਾ-ਇਸ ਜੀਵਨ ਨੂੰ ਧਿੱਕਾਰ ਹੈ ॥੨॥

3338	83	ਪਉੜੀ॥		Pourree ||	Pauree:	
3339	83	ਤੁਧੁ ਆਪੇ ਧਰਤੀ ਸਾਜੀਐ ਚੰਦੁ ਸੂਰਜੁ ਦੁਇ ਦੀਵੇ॥		Thudhh Aapae Dhharathee Saajeeai Chandh Sooraj Dhue Dheevae ||	You Yourself created the earth, and the two lamps of the sun and the moon.	(ਹੇ ਪਰਮਾਤਮਾ!) ਤੂੰ ਆਪ ਹੀ ਧਰਤੀ ਰਚੀ ਹੈ, ਤੇ (ਇਸ ਦੇ ਵਾਸਤੇ) ਚੰਦ ਤੇ ਸੂਰਜ (ਮਾਨੋ) ਦੋ ਦੀਵੇ (ਬਣਾਏ ਹਨ।)
3340	83	ਦਸ ਚਾਰਿ ਹਟ ਤੁਧੁ ਸਾਜਿਆ ਵਾਪਾਰੁ ਕਰੀਵੇ॥	ਹੱਟ	Dhas Chaar Hatt Thudhh Saajiaa Vaapaar Kareevae ||	You created the fourteen world-shops, in which Your Business is transacted.	(ਜੀਵਾਂ ਦੇ ਸੱਚਾ) ਵਾਪਾਰ ਕਰਨ ਲਈ ਚੌਦਾਂ (ਲੋਕ) (ਮਾਨੋ) ਹੱਟੀਆਂ ਬਣਾ ਦਿੱਤੀਆਂ ਹਨ।
3341	83	ਇਕਨਾ ਨੋ ਹਰਿ ਲਾਭੁ ਦੇਇ ਜੋ ਗੁਰਮੁਖਿ ਥੀਵੇ॥		Eikanaa No Har Laabh Dhaee Jo Guramukh Thheevae ||	The Lord bestows His Profits on those who become Gurmukh.	ਜੋ ਜੀਵ ਗੁਰੂ ਦੇ ਸਨਮੁਖ ਹੋ ਗਏ ਹਨ, ਉਹਨਾਂ ਨੂੰ ਹਰੀ ਨਫ਼ਾ ਬਖ਼ਸ਼ਦਾ ਹੈ, (ਭਾਵ, ਉਹਨਾਂ ਦਾ ਜਨਮ ਸਫਲਾ ਕਰਦਾ ਹੈ)
3342	83	ਤਿਨ ਜਮਕਾਲੁ ਨ ਵਿਆਪਈ ਜਿਨ ਸਚੁ ਅੰਮ੍ਰਿਤੁ ਪੀਵੇ॥		Thin Jamakaal N Viaapee Jin Sach Anmrith Peevae ||	The Messenger of Death does not touch those who drink in the True Ambrosial Nectar.	ਜਿਨ੍ਹਾਂ ਨੇ ਆਤਮਕ ਜੀਵਨ ਦੇਣ ਵਾਲਾ ਸਦਾ-ਥਿਰ ਨਾਮ-ਜਲ ਪੀਤਾ ਹੈ, ਜਮਕਾਲ ਉਨ੍ਹਾਂ ਤੇ ਜਬ੍ਹਾ ਨਹੀਂ ਪਾ ਸਕਦਾ।
3343	83	ਓਇ ਆਪਿ ਛੁਟੇ ਪਰਵਾਰ ਸਿਉ ਤਿਨ ਪਿਛੈ ਸਭੁ ਜਗਤੁ ਛੁਟੀਵੇ॥੩॥	ਜੱਗ-ਤੁ	Oue Aap Shhuttae Paravaar Sio Thin Pishhai Sabh Jagath Shhutteevae ||3||	They themselves are saved, along with their family, and all those who follow them are saved as well. ||3||	ਉਹ (ਜਮਕਾਲ ਤੋਂ) ??? ਬਚ ਜਾਂਦੇ ਹਨ, ਅਤੇ ਉਹਨਾਂ ਦੇ ਪੂਰਨਿਆਂ ਤੇ ਤੁਰ ਕੇ ਸਾਰਾ ਸੰਸਾਰ ਬਚ ਜਾਂਦਾ ਹੈ ॥੩॥

3344	83	ਸਲੋਕ ਮਃ ੧॥		Salok Ma 1 ||	Shalok, First Mehl:	
3345	83	ਕੁਦਰਤਿ ਕਰਿ ਕੈ ਵਸਿਆ ਸੋਇ॥		Kudharath Kar Kai Vasiaa Soe ||	He created the Creative Power of the Universe, within which He dwells.	ਸ੍ਰਿਸ਼ਟੀ (ਪੈਦਾ ਕਰਨ ਵਾਲਾ ਪ੍ਰਭੂ) ਆਪ ਹੀ (ਇਸ ਵਿਚ) ਵੱਸ ਰਿਹਾ ਹੈ।
3346	84	ਵਖਤੁ ਵੀਚਾਰੇ ਸੁ ਬੰਦਾ ਹੋਇ॥		Vakhath Veechaarae S Bandhaa Hoe ||	One who reflects upon his allotted span of life, becomes the slave of God.	ਇੱਥੇ ਜੋ ਮਨੁੱਖ (ਮਨੁੱਖਾ ਜਨਮ) ਦੇ ਸਮੇ ਨੂੰ ਵਿਚਾਰਦਾ ਹੈ (ਭਾਵ, ਜੋ ਇਹ ਸੋਚਦਾ ਹੈ ਕਿ ਇਸ ਸ੍ਰਿਸ਼ਟੀ ਵਿਚ ਮਨੁੱਖਾ ਸਰੀਰ ਕਾਹਦੇ ਲਈ ਮਿਲਿਆ ਹੈ) ਉਹ (ਉਸ ਪ੍ਰਭੂ ਦਾ) ਸੇਵਕ ਬਣ ਜਾਂਦਾ ਹੈ।
3347	84	ਕੁਦਰਤਿ ਹੈ ਕੀਮਤਿ ਨਹੀ ਪਾਇ॥		Kudharath Hai Keemath Nehee Paae ||	The value of the Creative Power of the Universe cannot be known.	ਪ੍ਰਭੂ (ਆਪਣੀ ਰਚੀ) ਕੁਦਰਤਿ ਵਿਚ ਵਿਆਪਕ ਹੈ, ਉਸ ਦਾ ਮੁੱਲ ਪੈ ਨਹੀਂ ਸਕਦਾ।
3348	84	ਜਾ ਕੀਮਤਿ ਪਾਇ ਤ ਕਹੀ ਨ ਜਾਇ॥		Jaa Keemath Paae Th Kehee N Jaae ||	Even if its value were known, it could not be described.	ਜੇ ਕੋਈ ਮੁੱਲ ਪਾਣ ਦਾ ਜਤਨ ਭੀ ਕਰੇ, ਤਾਂ ਉਸ ਦਾ ਮੁੱਲ ਦੱਸਿਆ ਨਹੀਂ ਜਾ ਸਕਦਾ।
3349	84	ਸਰੈ ਸਰੀਅਤਿ ਕਰਹਿ ਬੀਚਾਰੁ॥	ਸ-ਰੀਅਤਿ	Sarai Sareeath Karehi Beechaar ||	Some think about religious rituals and regulations,	ਜੋ ਮਨੁੱਖ ਨਿਰੀ ਸ਼ਰ੍ਹਾ ਆਦਿ (ਭਾਵ, ਬਾਹਰਲੀਆਂ ਧਾਰਮਿਕ ਰਸਮਾਂ) ਦੀ ਹੀ ਵਿਚਾਰ ਕਰਦੇ ਹਨ,
3350	84	ਬਿਨੁ ਬੂਝੇ ਕੈਸੇ ਪਾਵਹਿ ਪਾਰੁ॥		Bin Boojhae Kaisae Paavehi Paar ||	But without understanding, how can they cross over to the other side?	ਉਹ (ਜੀਵਨ ਦੇ ਸਹੀ ਮਨੋਰਥ ਨੂੰ) ਸਮਝਣ ਤੋਂ ਬਿਨਾ (ਜੀਵਨ ਦਾ) ਪਾਰਲਾ ਕੰਢਾ ਕਿਵੇਂ ਲੱਭ ਸਕਦੇ ਹਨ?

3351	84	ਸਿਦਕੁ ਕਰਿ ਸਿਜਦਾ ਮਨੁ ਕਰਿ ਮਖਸੂਦੁ॥		Sidhak Kar Sijadhaa Man Kar Makhasoodh ||	Let sincere faith be your bowing in prayer, and let the conquest of your mind be your objective in life.	(ਹੇ ਭਾਈ!) ਰੱਬ ਤੇ ਭਰੋਸਾ ਰੱਖ-ਇਹ ਹੈ ਉਸ ਦੇ ਅੱਗੇ ਸਿਰ ਨਿਵਾਉਣਾ, ਆਪਣੇ ਮਨ ਨੂੰ ਰੱਬ ਵਿਚ ਜੋੜਨਾ-ਇਸ ਨੂੰ ਜ਼ਿੰਦਗੀ ਦਾ ਨਿਸ਼ਾਨਾ ਬਣਾ।
3352	84	ਜਿਹਿ ਧਿਰਿ ਦੇਖਾ ਤਿਹ ਧਿਰਿ ਮਉਜੂਦੁ॥੧॥		Jih Dhhir Dhaekhaa Thih Dhhir Moujoodh ||1||	Wherever I look, there I see God's Presence. ||1||	ਫਿਰ ਜਿਸ ਪਾਸੇ ਵੇਖੀਏ, ਉਸ ਪਾਸੇ ਰੱਬ ਹਾਜ਼ਰ ਦਿੱਸਦਾ ਹੈ ॥੧॥
3353	84	ਮਃ ੩॥		Ma 3 ||	Third Mehl:	
3354	84	ਗੁਰ ਸਭਾ ਏਵ ਨ ਪਾਈਐ ਨਾ ਨੇੜੈ ਨਾ ਦੂਰਿ॥	ਸਭਾ: ਪੋਲਾ ਬੋਲੋ	Gur Sabhaa Eaev N Paaeeai Naa Naerrai Naa Dhoor ||	The Society of the Guru is not obtained like this, by trying to be near or far away.	(ਸਰੀਰ ਦੀ ਰਾਹੀਂ) ਗੁਰੂ ਦੇ ਨੇੜੇ ਜਾਂ ਗੁਰੂ ਤੋਂ ਦੂਰ ਬੈਠਿਆਂ ਗੁਰੂ ਦਾ ਸੰਗ ਪ੍ਰਾਪਤ ਨਹੀਂ ਹੁੰਦਾ।
3355	84	ਨਾਨਕ ਸਤਿਗੁਰੁ ਤਾਂ ਮਿਲੈ ਜਾ ਮਨੁ ਰਹੈ ਹਦੂਰਿ॥੨॥		Naanak Sathigur Thaan Milai Jaa Man Rehai Hadhoor ||2||	O Nanak, you shall meet the True Guru, if your mind remains in His Presence. ||2||	ਹੇ ਨਾਨਕ! ਸਤਿਗੁਰੂ ਤਦੋਂ ਹੀ ਮਿਲਦਾ ਹੈ ਜਦੋਂ (ਸਿੱਖ ਦਾ) ਮਨ (ਗੁਰੂ ਦੀ) ਹਜ਼ੂਰੀ ਵਿਚ ਰਹਿੰਦਾ ਹੈ ॥੨॥
3356	84	ਪਉੜੀ॥		Pourree ||	Pauree:	

3357	84	ਸਪਤ ਦੀਪ ਸਪਤ ਸਾਗਰਾ ਨਵ ਖੰਡ ਚਾਰਿ ਵੇਦ ਦਸ ਅਸਟ ਪੁਰਾਣਾ॥		Sapath Dheep Sapath Saagaraa Nav Khandd Chaar Vaedh Dhas Asatt Puraanaa ||	The seven islands, seven seas, nine continents, four Vedas and eighteen Puraanas	ਸੱਤ ਦੀਪ, ਸੱਤ ਸਮੁੰਦਰ, ਨੌ ਖੰਡ, ਚਾਰ ਵੇਦ, ਅਠਾਰਾਂ ਪੁਰਾਣ,
3358	84	ਹਰਿ ਸਭਨਾ ਵਿਚਿ ਤੂੰ ਵਰਤਦਾ ਹਰਿ ਸਭਨਾ ਭਾਣਾ॥		Har Sabhanaa Vich Thoon Varathadhaa Har Sabhanaa Bhaanaa ||	O Lord, You pervade and permeate all. Lord, everyone loves You.	ਇਹਨਾਂ ਸਭਨਾਂ ਵਿਚ ਤੂੰ ਹੀ ਵੱਸ ਰਿਹਾ ਹੈਂ, ਤੇ ਸਭ ਨੂੰ ਪਿਆਰਾ ਲੱਗਦਾ ਹੈਂ।
3359	84	ਸਭਿ ਤੁਝੈ ਧਿਆਵਹਿ ਜੀਅ ਜੰਤ ਹਰਿ ਸਾਰਗਪਾਣਾ॥		Sabh Thujhai Dhhiaavehi Jeea Janth Har Saarag Paanaa ||	All beings and creatures meditate on You, Lord. You hold the earth in Your Hands.	ਹੇ ਧਨੁਖ-ਧਾਰੀ ਪ੍ਰਭੂ! ਸਾਰੇ ਜੀਆ ਜੰਤ ਤੇਰਾ ਹੀ ਸਿਮਰਨ ਕਰਦੇ ਹਨ।
3360	84	ਜੋ ਗੁਰਮੁਖਿ ਹਰਿ ਆਰਾਧਦੇ ਤਿਨ ਹਉ ਕੁਰਬਾਣਾ॥		Jo Guramukh Har Aaraadhhadhae Thin Ho Kurabaanaa ||	I am a sacrifice to those Gurmukhs who worship and adore the Lord.	ਮੈਂ ਸਦਕੇ ਹਾਂ ਉਹਨਾਂ ਤੋਂ, ਜੋ ਗੁਰੂ ਦੇ ਸਨਮੁਖ ਹੋ ਕੇ ਤੈਨੂੰ ਜਪਦੇ ਹਨ।
3361	84	ਤੂੰ ਆਪੇ ਆਪਿ ਵਰਤਦਾ ਕਰਿ ਚੋਜ ਵਿਡਾਣਾ॥੪॥		Thoon Aapae Aap Varathadhaa Kar Choj Viddaanaa ||4||	You Yourself are All-pervading; You stage this wondrous drama! ||4||	(ਭਾਵੇਂ) ਤੂੰ ਅਸਚਰਜ ਲੀਲ੍ਹਾ ਰਚ ਕੇ ਆਪਿ ਹੀ ਆਪ ਸਭਨਾਂ ਵਿਚ ਵਿਆਪਕ ਹੈਂ ॥੪॥

3362	84	ਸਲੋਕ ਮਃ ੩॥		Salok Ma 3 ||	Shalok, Third Mehl:	
3363	84	ਕਲਉ ਮਸਾਜਨੀ ਕਿਆ ਸਦਾਈਐ ਹਿਰਦੈ ਹੀ ਲਿਖਿ ਲੇਹੁ॥	ਕਲਉ: ਪੋਲਾ ਬੋਲੋ। (ਕਲਉ) ਕਲਮ। (ਮਸਾਜਨੀ) ਸਿਆਹੀ	Kalo Masaajanee Kiaa Sadhaaeeai Hiradhai Hee Likh Laehu ||	Why ask for a pen, and why ask for ink? Write within your heart.	ਕਲਮ ਦਵਾਤ ਮੰਗਾਣ ਦਾ ਕੀਹ ਲਾਭ? (ਹੇ ਸੱਜਣਾ!) ਹਿਰਦੇ ਵਿਚ ਹੀ (ਹਰੀ ਦਾ ਨਾਮ) ਲਿਖ ਲੈ।
3364	84	ਸਦਾ ਸਾਹਿਬ ਕੈ ਰੰਗਿ ਰਹੈ ਕਬਹੂੰ ਨ ਤੂਟਸਿ ਨੇਹੁ॥		Sadhaa Saahib Kai Rang Rehai Kabehoon N Thoottas Naehu ||	Remain immersed forever in the Love of your Lord and Master, and your love for Him shall never break.	(ਇਸ ਤਰ੍ਹਾਂ ਜੇ) ਮਨੁੱਖ ਸਦਾ ਸਾਈਂ ਦੇ ਪਿਆਰ ਵਿਚ (ਭਿੱਜਾ) ਰਹੇ (ਤਾਂ) ਇਹ ਪਿਆਰ ਕਦੇ ਨਹੀਂ ਤੁੱਟੇਗਾ
3365	84	ਕਲਉ ਮਸਾਜਨੀ ਜਾਇਸੀ ਲਿਖਿਆ ਭੀ ਨਾਲੇ ਜਾਇ॥		Kalo Masaajanee Jaaeisee Likhiaa Bhee Naalae Jaae ||	Pen and ink shall pass away, along with what has been written.	(ਨਹੀਂ ਤਾਂ) ਕਲਮ ਦਵਾਤ ਤਾਂ ਨਾਸ਼ ਹੋ ਜਾਣ ਵਾਲੀ (ਸ਼ੈ) ਹੈ ਤੇ (ਇਸ ਦਾ) ਲਿਖਿਆ (ਕਾਗ਼ਜ਼) ਭੀ ਨਾਸ਼ ਹੋ ਜਾਣਾ ਹੈ।
3366	84	ਨਾਨਕ ਸਹ ਪ੍ਰੀਤਿ ਨ ਜਾਇਸੀ ਜੋ ਧੁਰਿ ਛੋਡੀ ਸਚੈ ਪਾਇ॥੧॥		Naanak Seh Preeth N Jaaeisee Jo Dhhur Shhoddee Sachai Paae ||1||	O Nanak, the Love of your Husband Lord shall never perish. The True Lord has bestowed it, as it was pre-ordained. ||1||	ਪਰ, ਹੇ ਨਾਨਕ! ਜੋ ਪਿਆਰ ਸੱਚੇ ਪ੍ਰਭੂ ਨੇ ਆਪਣੇ ਦਰ ਤੋਂ (ਜੀਵ ਦੇ ਹਿਰਦੇ ਵਿਚ) ਬੀਜ ਦਿੱਤਾ ਹੈ ਉਸ ਦਾ ਨਾਸ ਨਹੀਂ ਹੋਵੇਗਾ ॥੧॥
3367	84	ਮਃ ੩॥		Ma 3 ||	Third Mehl:	

3368	84	ਨਦਰੀ ਆਵਦਾ ਨਾਲਿ ਨ ਚਲਈ ਵੇਖਹੁ ਕੋ ਵਿਉਪਾਇ॥	(ਵਿਉ-ਪਾਇ) ਨਿਰਨਾ ਕਰਕੇ	Nadharee Aavadhaa Naal N Chalee Vaekhahu Ko Vioupaae ||	That which is seen, shall not go along with you. What does it take to make you see this?	ਬੇਸ਼ਕ ਨਿਰਣਾ ਕਰ ਕੇ ਵੇਖ ਲਉ, ਜੋ ਕੁਝ (ਇਹਨਾਂ ਅੱਖੀਆਂ ਨਾਲ) ਦਿੱਸਦਾ ਹੈ (ਜੀਵ ਦੇ) ਨਾਲ ਨਹੀਂ ਜਾ ਸਕਦਾ।
3369	84	ਸਤਿਗੁਰਿ ਸਚੁ ਦ੍ਰਿੜਾਇਆ ਸਚਿ ਰਹਹੁ ਲਿਵ ਲਾਇ॥		Sathigur Sach Dhrirraaeiaa Sach Rehahu Liv Laae ||	The True Guru has implanted the True Name within; remain lovingly absorbed in the True One.	(ਇਸੇ ਕਰਕੇ) ਸਤਿਗੁਰੂ ਨੇ ਨਿਸ਼ਚਾ ਕਰਾਇਆ ਹੈ (ਕਿ) ਸੱਚਾ ਪ੍ਰਭੂ (ਨਾਲ ਨਿਭਣ-ਜੋਗ ਹੈ), (ਤਾਂ ਤੇ) ਪ੍ਰਭੂ ਵਿਚ ਬਿਰਤੀ ਜੋੜੀ ਰੱਖੋ।
3370	84	ਨਾਨਕ ਸਬਦੀ ਸਚੁ ਹੈ ਕਰਮੀ ਪਲੈ ਪਾਇ॥੨॥		Naanak Sabadhee Sach Hai Karamee Palai Paae ||2||	O Nanak, the Word of His Shabad is True. By His Grace, it is obtained. ||2||	ਹੇ ਨਾਨਕ! ਜੇ ਪ੍ਰਭੂ ਦੀ ਮਿਹਰ ਹੋਵੇ ਤਾਂ ਗੁਰੂ ਦੇ ਸ਼ਬਦ ਦੀ ਰਾਹੀਂ ਸੱਚਾ ਹਰੀ ਹਿਰਦੇ ਵਿਚ ਵੱਸਦਾ ਹੈ ॥੨॥
3371	84	ਪਉੜੀ॥		Pourree ||	Pauree:	
3372	84	ਹਰਿ ਅੰਦਰਿ ਬਾਹਰਿ ਇਕੁ ਤੂੰ ਤੂੰ ਜਾਣਹਿ ਭੇਤੁ॥	ਬਾ-ਹਰਿ: ਹ ਮੁਕਤਾ, ਰ ਸਿਹਾਰੀ ਲਾ ਕੇ	Har Andhar Baahar Eik Thoon Thoon Jaanehi Bhaeth ||	O Lord, You are inside and outside as well. You are the Knower of secrets.	ਹੇ ਹਰੀ! ਤੂੰ ਸਭ ਥਾਈਂ (ਅੰਦਰਿ ਬਾਹਰਿ) (ਵਿਆਪਕ) ਹੈਂ, (ਇਸ ਕਰਕੇ ਜੀਵਾਂ ਦੇ) ਹਿਰਦਿਆਂ ਨੂੰ ਤੂੰ ਹੀ ਜਾਣਦਾ ਹੈਂ।
3373	84	ਜੋ ਕੀਚੈ ਸੋ ਹਰਿ ਜਾਣਦਾ ਮੇਰੇ ਮਨ ਹਰਿ ਚੇਤੁ॥		Jo Keechai So Har Jaanadhaa Maerae Man Har Chaeth ||	Whatever anyone does, the Lord knows. O my mind, think of the Lord.	ਹੇ ਮੇਰੇ ਮਨ! ਜੋ ਕੁਝ ਕਰੀਦਾ ਹੈ (ਸਭ ਥਾਈਂ ਵਿਆਪਕ ਹੋਣ ਕਰਕੇ) ਉਹ ਹਰੀ ਜਾਣਦਾ ਹੈ, (ਤਾਂ ਤੇ) ਉਸ ਦਾ ਸਿਮਰਨ ਕਰ।

3374	84	ਸੋ ਡਰੈ ਜਿ ਪਾਪ ਕਮਾਵਦਾ ਧਰਮੀ ਵਿਗਸੇਤੁ॥	ਵਿਗ-ਸੇਤੁ: ਪੋਲਾ ਬੋਲੋ ਮਿਲਵਾਂ	So Ddarai J Paap Kamaavadhaa Dhharamee Vigasaeth ||	The one who commits sins lives in fear, while the one who lives righteously rejoices.	ਪਾਪ ਕਰਨ ਵਾਲੇ ਨੂੰ (ਰੱਬ ਤੋਂ) ਡਰ ਲੱਗਦਾ ਹੈ, ਤੇ ਧਰਮੀ (ਵੇਖ ਕੇ) ਖਿੜਦਾ ਹੈ।
3375	84	ਤੂੰ ਸਚਾ ਆਪਿ ਨਿਆਉ ਸਚੁ ਤਾ ਡਰੀਐ ਕੇਤੁ॥		Thoon Sachaa Aap Niaao Sach Thaa Ddareeai Kaeth ||	O Lord, You Yourself are True, and True is Your Justice. Why should anyone be afraid?	ਹੇ ਹਰੀ! ਡਰੀਏ ਭੀ ਕਿਉਂ? (ਜਦੋਂ ਜਿਹਾ) ਤੂੰ ਆਪਿ ਸੱਚਾ ਹੈਂ (ਤਿਹਾ) ਤੇਰਾ ਨਿਆਉ ਭੀ ਸੱਚਾ ਹੈ।
3376	84	ਜਿਨਾ ਨਾਨਕ ਸਚੁ ਪਛਾਣਿਆ ਸੇ ਸਚਿ ਰਲੇਤੁ॥੫॥		Jinaa Naanak Sach Pashhaaniaa Sae Sach Ralaeth ||5||	O Nanak, those who recognize the True Lord are blended with the True One. ||5||	(ਡਰਨਾ ਤਾਂ ਕਿਤੇ ਰਿਹਾ), ਹੇ ਨਾਨਕ! ਜਿਨ੍ਹਾਂ ਨੂੰ ਸੱਚੇ ਹਰੀ ਦੀ ਸਮਝ ਪਈ ਹੈ, ਉਹ ਉਸ ਦੇ ਵਿਚ ਹੀ ਰਲ ਜਾਂਦੇ ਹਨ (ਭਾਵ, ਉਸ ਦੇ ਨਾਲ ਇਕ-ਮਿਕ ਹੋ ਜਾਂਦੇ ਹਨ) ॥੫॥
3377	84	ਸਲੋਕ ਮਃ ੩॥		Salok Ma 3 ||	Shalok, Third Mehl:	
3378	84	ਕਲਮ ਜਲਉ ਸਣੁ ਮਸਵਾਣੀਐ ਕਾਗਦੁ ਭੀ ਜਲਿ ਜਾਉ॥		Kalam Jalo San Masavaaneeai Kaagadh Bhee Jal Jaao ||	Burn the pen, and burn the ink; burn the paper as well.	ਸੜ ਜਾਏ ਉਹ ਕਲਮ; ਸਮੇਤ ਦਵਾਤ ਦੇ, ਤੇ ਉਹ ਕਾਗਤ ਭੀ ਸੜ ਜਾਏ,
3379	84	ਲਿਖਣ ਵਾਲਾ ਜਲਿ ਬਲਉ ਜਿਨਿ ਲਿਖਿਆ ਦੂਜਾ ਭਾਉ॥		Likhan Vaalaa Jal Balo Jin Likhiaa Dhoojaa Bhaao ||	Burn the writer who writes in the love of duality.	ਲਿਖਣ ਵਾਲਾ ਭੀ ਸੜ ਮਰੇ, ਜਿਸ ਨੇ (ਨਿਰਾ) ਮਾਇਆ ਦੇ ਪਿਆਰ ਦਾ ਲੇਖਾ ਲਿਖਿਆ ਹੈ,

3380	84	ਨਾਨਕ ਪੂਰਬਿ ਲਿਖਿਆ ਕਮਾਵਣਾ ਅਵਰੁ ਨ ਕਰਣਾ ਜਾਇ॥੧॥		Naanak Poorab Likhiaa Kamaavanaa Avar N Karanaa Jaae ||1||	O Nanak, people do what is pre-ordained; they cannot do anything else. ||1||	(ਕਿਉਂਕਿ) ਹੇ ਨਾਨਕ! (ਜੀਵ) ਉਹੀ ਕੁਝ ਕਮਾਂਦਾ ਹੈ, ਜੋ (ਸੰਸਕਾਰ ਆਪਣੇ ਚੰਗੇ ਮੰਦੇ ਕੀਤੇ ਕੰਮਾਂ ਅਨੁਸਾਰ) ਪਹਿਲਾਂ ਤੋਂ (ਆਪਣੇ ਹਿਰਦੇ ਉਤੇ) ਲਿਖੀ ਜਾਂਦਾ ਹੈ, (ਜੀਵ) ਇਸ ਦੇ ਉਲਟ ਕੁਝ ਨਹੀਂ ਕਰ ਸਕਦਾ ॥੧॥
3381	84	ਮਃ ੩॥		Ma 3 ||	Third Mehl:	
3382	84	ਹੋਰੁ ਕੂੜੁ ਪੜਣਾ ਕੂੜੁ ਬੋਲਣਾ ਮਾਇਆ ਨਾਲਿ ਪਿਆਰੁ॥		Hor Koorr Parranaa Koorr Bolanaa Maaeiaa Naal Piaar ||	False is other reading, and false is other speaking, in the love of Maya.	ਹੋਰ (ਮਾਇਆ ਸੰਬੰਧੀ) ਪੜ੍ਹਨਾ ਵਿਅਰਥ ਉੱਦਮ ਹੈ, ਹੋਰ ਬੋਲਣਾ (ਭੀ) ਵਿਅਰਥ (ਕਿਉਂਕਿ ਇਹ ਉੱਦਮ) ਮਾਇਆ ਨਾਲਿ ਪਿਆਰ (ਵਧਾਉਂਦੇ ਹਨ।)
3383	84	ਨਾਨਕ ਵਿਣੁ ਨਾਵੈ ਕੋ ਥਿਰੁ ਨਹੀ ਪੜਿ ਪੜਿ ਹੋਇ ਖੁਆਰੁ॥੨॥		Naanak Vin Naavai Ko Thhir Nehee Parr Parr Hoe Khuaar ||2||	O Nanak, without the Name, nothing is permanent; those who read and read are ruined. ||2||	ਹੇ ਨਾਨਕ! ਪ੍ਰਭੂ ਦੇ ਨਾਮ ਤੋਂ ਬਿਨਾ ਕੋਈ ਭੀ ਸਦਾ ਨਹੀਂ ਰਹਿਣਾ (ਭਾਵ, ਸਦਾ ਨਾਲ ਨਹੀਂ ਨਿਭਣਾ), (ਇਸ ਵਾਸਤੇ) ਜੇ ਕੋਈ ਹੋਰ ਪੜ੍ਹਨੀਆਂ ਹੀ ਪੜ੍ਹਦਾ ਹੈ ਖ਼ੁਆਰ ਹੁੰਦਾ ਹੈ ॥੨॥
3384	84	ਪਉੜੀ॥		Pourree ||	Pauree:	

3385	84	ਹਰਿ ਕੀ ਵਡਿਆਈ ਵਡੀ ਹੈ ਹਰਿ ਕੀਰਤਨੁ ਹਰਿ ਕਾ॥		Har Kee Vaddiaaee Vaddee Hai Har Keerathan Har Kaa ||	Great is the Greatness of the Lord, and the Kirtan of the Lord's Praises.	ਉਸਦੀ ਸਿਫ਼ਤ-ਸਾਲਾਹ ਤੇ ਉਸਦਾ ਕੀਰਤਨ ਕਰਨਾ-ਇਹੋ (ਜੀਵ ਲਈ) ਵੱਡੀ (ਕਰਣੀ) ਹੈ।
3386	84	ਹਰਿ ਕੀ ਵਡਿਆਈ ਵਡੀ ਹੈ ਜਾ ਨਿਆਉ ਹੈ ਧਰਮ ਕਾ॥		Har Kee Vaddiaaee Vaddee Hai Jaa Niaao Hai Dhharam Kaa ||	Great is the Greatness of the Lord; His Justice is totally Righteous.	ਜਿਸ ਹਰੀ ਦਾ ਧਰਮ ਦਾ ਨਿਆਂ ਹੈ, ਉਸ ਦੀ ਵਡਿਆਈ ਕਰਨੀ ਵੱਡੀ ਕਰਣੀ ਹੈ।
3387	84	ਹਰਿ ਕੀ ਵਡਿਆਈ ਵਡੀ ਹੈ ਜਾ ਫਲੁ ਹੈ ਜੀਅ ਕਾ॥		Har Kee Vaddiaaee Vaddee Hai Jaa Fal Hai Jeea Kaa ||	Great is the Greatness of the Lord; people receive the fruits of the soul.	ਹਰੀ ਦੀ ਵਡਿਆਈ ਕਰਨੀ ਸਭ ਤੋਂ ਚੰਗਾ ਕੰਮ ਹੈ (ਕਿਉਂਕਿ) ਜੀਵ ਦਾ (ਅਸਲੀ) ਫਲ (ਹੀ ਇਹੋ) ਹੈ (ਭਾਵ ਜਨਮ-ਮਨੋਰਥ ਹੀ ਇਹੀ ਹੈ)।
3388	84	ਹਰਿ ਕੀ ਵਡਿਆਈ ਵਡੀ ਹੈ ਜਾ ਨ ਸੁਣਈ ਕਹਿਆ ਚੁਗਲ ਕਾ॥		Har Kee Vaddiaaee Vaddee Hai Jaa N Sunee Kehiaa Chugal Kaa ||	Great is the Greatness of the Lord; He does not hear the words of the back-biters.	ਜੋ ਪ੍ਰਭੂ ਚੁਗਲ ਦੀ ਗੱਲ ਵਲ ਕੰਨ ਨਹੀਂ ਧਰਦਾ, ਉਸ ਦੀ ਸਿਫ਼ਤਿ ਕਰਨੀ ਵੱਡੀ ਕਰਣੀ ਹੈ।

3389	84	ਹਰਿ ਕੀ ਵਡਿਆਈ ਵਡੀ ਹੈ ਅਪੁਛਿਆ ਦਾਨੁ ਦੇਵਕਾ॥੬॥	(ਦੇਵਕਾ) ਦੇਣਾ ਕਰਦੇ ਹਨ	Har Kee Vaddiaaee Vaddee Hai Apushhiaa Dhaan Dhaevakaa ||6||	Great is the Greatness of the Lord; He gives His Gifts without being asked. ||6||	ਜੋ ਪ੍ਰਭੂ ਕਿਸੇ ਨੂੰ ਪੁੱਛ ਕੇ ਦਾਨ ਨਹੀਂ ਦੇਂਦਾ ਉਸ ਦੀ ਵਡਿਆਈ ਉੱਤਮ ਕੰਮ ਹੈ ॥੬॥
3390	84	ਸਲੋਕ ਮਃ ੩॥		Salok Ma 3 ||	Shalok, Third Mehl:	
3391	84	ਹਉ ਹਉ ਕਰਤੀ ਸਭ ਮੁਈ ਸੰਪਉ ਕਿਸੈ ਨ ਨਾਲਿ॥		Ho Ho Karathee Sabh Muee Sanpo Kisai N Naal ||	Those who act in ego shall all die. Their worldly possessions shall not go along with them.	ਧਨ ਕਿਸੇ ਦੇ ਨਾਲ ਨਹੀਂ (ਨਿਭਦਾ, ਪਰੰਤੂ ਧਨ ਦੀ ਟੇਕ ਰੱਖਣ ਵਾਲੇ ਸਾਰੇ ਜੀਵ ਅਹੰਕਾਰੀ ਹੋ ਹੋ ਕੇ ਖਪਦੇ ਹਨ, ਆਤਮਕ ਮੌਤੇ ਮਰੇ ਰਹਿੰਦੇ ਹਨ।
3392	84	ਦੂਜੈ ਭਾਇ ਦੁਖੁ ਪਾਇਆ ਸਭ ਜੋਹੀ ਜਮਕਾਲਿ॥		Dhoojai Bhaae Dhukh Paaeiaa Sabh Johee Jamakaal ||	Because of their love of duality, they suffer in pain. The Messenger of Death is watching all.	ਮਾਇਆ ਦੇ ਪਿਆਰ ਵਿਚ ਸਭ ਨੇ ਦੁੱਖ (ਹੀ) ਪਾਇਆ ਹੈ (ਕਿਉਂਕਿ) ਜਮਕਾਲ ਨੇ (ਇਹੋ ਜਿਹੇ) ਸਭਨਾਂ ਨੂੰ ਘੂਰਿਆ ਹੈ (ਭਾਵ, ਮਾਇਆ ਦੇ ਮੋਹ ਵਿਚ ਫਸੇ ਜੀਵ ਮੌਤ ਤੋਂ ਥਰ-ਥਰ ਕੰਬਦੇ ਹਨ, ਮਾਨੋ, ਉਹਨਾਂ ਨੂੰ ਜਮਕਾਲ ਘੂਰ ਰਿਹਾ ਹੈ)।
3393	85	ਨਾਨਕ ਗੁਰਮੁਖਿ ਉਬਰੇ ਸਾਚਾ ਨਾਮੁ ਸਮਾਲਿ॥੧॥		Naanak Guramukh Oubarae Saachaa Naam Samaal ||1||	O Nanak, the Gurmukhs are saved, by contemplating the True Name. ||1||	ਹੇ ਨਾਨਕ! ਗੁਰੂ ਦੇ ਮਨਮੁਖ ਰਹਿਣ ਵਾਲੇ ਮਨੁੱਖ ਸਦਾ-ਥਿਰ ਪ੍ਰਭੂ ਦਾ ਨਾਮ ਹਿਰਦੇ ਵਿਚ ਸਾਂਭ ਕੇ ਆਤਮਕ ਮੌਤ ਤੋਂ ਬਚੇ ਰਹਿੰਦੇ ਹਨ ॥੧॥
3394	85	ਮਃ ੧॥		Ma 1 ||	First Mehl:	

3395	85	ਗਲੀਂ ਅਸੀ ਚੰਗੀਆ ਆਚਾਰੀ ਬੁਰੀਆਹ॥	ਗੱਲੀਂ	Galanaee Asee Changeeaa Aachaaree Bureeaah ||	We are good at talking, but our actions are bad.	ਅਸੀਂ ਗੱਲਾਂ ਵਿਚ ਸੁਚੱਜੀਆਂ (ਹਾਂ, ਪਰ) ਆਚਰਨ ਦੀਆਂ ਮਾੜੀਆਂ ਹਾਂ।
3396	85	ਮਨਹੁ ਕੁਸੁਧਾ ਕਾਲੀਆ ਬਾਹਰਿ ਚਿਟਵੀਆਹ॥	ਬਾ-ਹਰਿ: ਹ ਮੁਕਤਾ, ਰ ਸਿਹਾਰੀ ਲਾ ਕ।ਕੁਸੁੱਧਾ। ਚਿੱਟਵੀਆਹ	Manahu Kusudhhaa Kaaleeaa Baahar Chittaveeaah ||	Mentally, we are impure and black, but outwardly, we appear white.	ਮਨੋਂ ਖੋਟੀਆਂ ਤੇ ਕਾਲੀਆਂ (ਹਾਂ, ਪਰ) ਬਾਹਰੋਂ ਸਾਫ਼ ਸੁਥਰੀਆਂ।
3397	85	ਰੀਸਾ ਕਰਿਹ ਤਿਨਾੜੀਆ ਜੋ ਸੇਵਹਿ ਦਰੁ ਖੜੀਆਹ॥	ਕਰਿ-ਹ। ਖੜ੍ਹੀਆਹ	Reesaa Karih Thinaarreeaa Jo Saevehi Dhar Kharreeaah ||	We imitate those who stand and serve at the Lord's Door.	(ਫਿਰ ਭੀ) ਅਸੀਂ ਰੀਸਾਂ ਉਹਨਾਂ ਦੀਆਂ ਕਰਦੀਆਂ ਹਾਂ ਜੋ ਸਾਵਧਾਨ ਹੋ ਕੇ ਮਾਲਕ ਦੀ ਸੇਵਾ ਕਰਦੀਆਂ ਹਨ।
3398	85	ਨਾਲਿ ਖਸਮੈ ਰਤੀਆ ਮਾਣਹਿ ਸੁਖਿ ਰਲੀਆਹ॥	ਰੱਤੀਆਂ	Naal Khasamai Ratheeaa Maanehi Sukh Raleeaah ||	They are attuned to the Love of their Husband Lord, and they experience the pleasure of His Love.	ਖਸਮ ਦੇ ਪਿਆਰ ਵਿਚ ਭਿੱਜੀਆਂ ਹੋਈਆਂ ਹਨ, ਤੇ ਆਨੰਦ ਵਿਚ ਰਲੀਆਂ ਮਾਣਦੀਆਂ ਹਨ।
3399	85	ਹੋਦੈ ਤਾਣਿ ਨਿਤਾਣੀਆ ਰਹਹਿ ਨਿਮਾਨਣੀਆਹ॥	ਰਹ-ਹਿ। ਨਿਮਾਨਣੀ-ਆਹ	Hodhai Thaan Nithaaneeaa Rehehi Nimaananeeaah ||	They remain powerless, even while they have power; they remain humble and meek.	ਜੋ ਤਾਣ ਹੁੰਦਿਆਂ ਭੀ ਨਿਰਮਾਣ ਰਹਿੰਦੀਆਂ ਹਨ।

3400	85	ਨਾਨਕ ਜਨਮੁ ਸਕਾਰਥਾ ਜੇ ਤਿਨ ਕੈ ਸੰਗਿ ਮਿਲਾਹ॥੨॥		Naanak Janam Sakaarathhaa Jae Thin Kai Sang Milaah ||2||	O Nanak, our lives become profitable if we associate with them. ||2||	ਹੇ ਨਾਨਕ! (ਸਾਡਾ) ਜਨਮ ਸਫਲ (ਤਾਂ ਹੀ ਹੋ ਸਕਦਾ ਹੈ) ਜੇ ਉਹਨਾਂ ਦੀ ਸੰਗਤਿ ਵਿਚ ਰਹੀਏ ॥੨॥
3401	85	ਪਉੜੀ॥		Pourree ||	Pauree:	
3402	85	ਤੂੰ ਆਪੇ ਜਲੁ ਮੀਨਾ ਹੈ ਆਪੇ ਆਪੇ ਹੀ ਆਪਿ ਜਾਲੁ॥		Thoon Aapae Jal Meenaa Hai Aapae Aapae Hee Aap Jaal ||	You Yourself are the water, You Yourself are the fish, and You Yourself are the net.	(ਹੇ ਪ੍ਰਭੂ!) ਤੂੰ ਆਪ ਹੀ (ਮੱਛੀ ਦਾ ਜੀਵਨ-ਰੂਪ) ਜਲ ਹੈਂ, ਆਪ ਹੀ (ਜਲ ਵਿਚ) ਮੱਛੀ ਹੈਂ, ਤੇ ਆਪ ਹੀ ਜਾਲ ਹੈਂ।
3403	85	ਤੂੰ ਆਪੇ ਜਾਲੁ ਵਤਾਇਦਾ ਆਪੇ ਵਿਚਿ ਸੇਬਾਲੁ॥	(ਵਤਾਇਦਾ) ਪੌਂਦੇ ਹੋਂ। (ਸੇਬਾਲੁ) ਜਾਲ਼ਾ	Thoon Aapae Jaal Vathaaeidhaa Aapae Vich Saebaal ||	You Yourself cast the net, and You Yourself are the bait.	ਤੂੰ ਆਪ ਹੀ ਜਾਲ ਵਿਛਾਂਦਾ ਹੈਂ ਅਤੇ ਆਪ ਹੀ ਜਲ ਵਿਚ ਜਾਲਾ ਹੈਂ।
3404	85	ਤੂੰ ਆਪੇ ਕਮਲੁ ਅਲਿਪਤੁ ਹੈ ਸੈ ਹਥਾ ਵਿਚਿ ਗੁਲਾਲੁ॥	ਅ-ਲਿਪਤੁ ਹੈਂ	Thoon Aapae Kamal Alipath Hai Sai Hathhaa Vich Gulaal ||	You Yourself are the lotus, unaffected and still brightly-colored in hundreds of feet of water.	ਤੂੰ ਆਪ ਹੀ ਸੈਂਕੜੇ ਹੱਥ ਡੂੰਘੇ ਜਲ ਵਿਚ ਸੁੰਦਰ ਨਿਰਲੇਪ ਕੰਵਲ ਹੈਂ।

3405	85	ਤੂੰ ਆਪੇ ਮੁਕਤਿ ਕਰਾਇਦਾ ਇਕ ਨਿਮਖ ਘੜੀ ਕਰਿ ਖਿਆਲੁ॥		Thoon Aapae Mukath Karaaeidhaa Eik Nimakh Gharree Kar Khiaal ||	You Yourself liberate those who think of You for even an instant.	(ਹੇ ਹਰੀ!) ਜੋ (ਜੀਵ) ਇਕ ਪਲਕ ਮਾਤ੍ਰ (ਤੇਰਾ) ਧਿਆਨ ਧਰੇ, (ਉਸ ਨੂੰ) ਤੂੰ ਆਪ ਹੀ (ਇਸ ਜਾਲ ਵਿਚੋਂ) ਛੁਡਾਉਂਦਾ ਹੈਂ।
3406	85	ਹਰਿ ਤੁਧਹੁ ਬਾਹਰਿ ਕਿਛੁ ਨਹੀ ਗੁਰ ਸਬਦੀ ਵੇਖਿ ਨਿਹਾਲੁ॥੭॥		Har Thudhhahu Baahar Kishh Nehee Gur Sabadhee Vaekh Nihaal ||7||	O Lord, nothing is beyond You. I am delighted to behold You, through the Word of the Guru's Shabad. ||7||	ਹੇ ਹਰੀ! ਤੈਥੋਂ ਪਰੇ ਹੋਰ ਕੁਝ ਨਹੀਂ ਹੈ, ਸਤਿਗੁਰੂ ਦੇ ਸ਼ਬਦ ਦੀ ਰਾਹੀਂ (ਤੈਨੂੰ ਹਰ ਥਾਂ) ਵੇਖ ਕੇ (ਕਉਲ ਫੁੱਲ ਵਾਂਗ) ਚੜ੍ਹਦੀ ਕਲਾ ਵਿਚ ਰਹਿ ਸਕੀਦਾ ਹੈ ॥੭॥
3407	85	ਸਲੋਕ ਮਃ ੩॥		Salok Ma 3 ||	Shalok, Third Mehl:	
3408	85	ਹੁਕਮੁ ਨ ਜਾਣੈ ਬਹੁਤਾ ਰੋਵੈ॥		Hukam N Jaanai Bahuthaa Rovai ||	One who does not know the Hukam of the Lord's Command cries out in terrible pain.	(ਜਿਸ ਮਨੁੱਖ ਨੂੰ ਪ੍ਰਭੂ ਦੇ) ਭਾਣੇ ਦੀ ਸਮਝ ਨਹੀਂ ਪੈਂਦੀ, ਉਸ ਨੂੰ ਬਹੁਤ ਕਲਪਣਾ ਲੱਗੀ ਰਹਿੰਦੀ ਹੈ;
3409	85	ਅੰਦਰਿ ਧੋਖਾ ਨੀਦ ਨ ਸੋਵੈ॥		Andhar Dhhokhaa Needh N Sovai ||	She is filled with deception, and she cannot sleep in peace.	ਉਸ ਦੇ ਮਨ ਵਿਚ ਚਿੰਤਾ ਹੁੰਦੀ ਹੈ, (ਇਸ ਕਰਕੇ ਸੁਖ ਦੀ) ਨੀਂਦ ਨਹੀਂ ਸੌਂ ਸਕਦਾ (ਭਾਵ, ਕਦੇ ਸ਼ਾਂਤੀ ਨਹੀਂ ਹੁੰਦੀ)।
3410	85	ਜੇ ਧਨ ਖਸਮੈ ਚਲੈ ਰਜਾਈ॥	ਚੱਲੈ	Jae Dhhan Khasamai Chalai Rajaaee ||	But if the soul-bride follows the Will of her Lord and Master,	ਜੇ (ਜੀਵ-) ਇਸਤ੍ਰੀ (ਪ੍ਰਭੂ) ਖਸਮ ਦੇ ਭਾਣੇ ਵਿਚ ਤੁਰੇ,

3411	85	ਦਰਿ ਘਰਿ ਸੋਭਾ ਮਹਲਿ ਬੁਲਾਈ॥	ਮਹ-ਲਿ	Dhar Ghar Sobhaa Mehal Bulaaee ||	She shall be honored in her own home, and called to the Mansion of His Presence.	ਤਾਂ ਦਰਗਾਹ ਵਿਚ ਤੇ ਇਸ ਸੰਸਾਰ ਵਿਚ ਉਸ ਦੀ ਸੋਭਾ ਹੁੰਦੀ ਹੈ ਅਤੇ (ਪ੍ਰਭੂ ਦੀ) ਹਜ਼ੂਰੀ ਵਿਚ ਉਸ ਨੂੰ ਆਦਰ ਮਿਲਦਾ ਹੈ।
3412	85	ਨਾਨਕ ਕਰਮੀ ਇਹ ਮਤਿ ਪਾਈ॥		Naanak Karamee Eih Math Paaee ||	O Nanak, by His Mercy, this understanding is obtained.	(ਪਰ, ਹੇ ਨਾਨਕ!) ਪ੍ਰਭੂ ਮਿਹਰ ਕਰੇ ਤਾਂ (ਭਾਣਾ ਮੰਨਣ ਵਾਲੀ ਇਹ) ਸਮਝ ਮਿਲਦੀ ਹੈ,
3413	85	ਗੁਰ ਪਰਸਾਦੀ ਸਚਿ ਸਮਾਈ॥੧॥		Gur Parasaadhee Sach Samaaee ||1||	By Guru's Grace, she is absorbed into the True One. ||1||	ਤੇ ਗੁਰੂ ਦੀ ਕਿਰਪਾ ਦੀ ਰਾਹੀਂ (ਭਾਣੇ ਦੇ ਮਾਲਕ) ਸਦਾ-ਥਿਰ ਸਾਂਈ ਵਿਚ ਜੀਵ ਲੀਨ ਹੋ ਜਾਂਦਾ ਹੈ ॥੧॥
3414	85	ਮਃ ੩॥		Ma 3 ||	Third Mehl:	
3415	85	ਮਨਮੁਖ ਨਾਮ ਵਿਹੂਣਿਆ ਰੰਗੁ ਕਸੁੰਭਾ ਦੇਖਿ ਨ ਭੁਲੁ॥		Manamukh Naam Vihooniaa Rang Kasunbhaa Dhaekh N Bhul ||	O self-willed manmukh, devoid of the Naam, do not be misled upon beholding the color of the safflower.	ਹੇ ਨਾਮ ਤੋਂ ਸੱਖਣੇ ਮਨਮੁਖ! ਕਸੁੰਭੇ ਦਾ (ਮਾਇਆ ਦਾ) ਰੰਗ ਵੇਖ ਕੇ ਮੁਹਿਤ ਨਾਹ ਹੋ ਜਾ,
3416	85	ਇਸ ਕਾ ਰੰਗੁ ਦਿਨ ਥੋੜਿਆ ਛੋਛਾ ਇਸ ਦਾ ਮੁਲੁ॥		Eis Kaa Rang Dhin Thhorriaa Shhoshhaa Eis Dhaa Mul ||	Its color lasts for only a few days-it is worthless!	ਇਸ ਦਾ ਰੰਗ (ਆਨੰਦ) ਥੋੜੇ ਦਿਨ ਹੀ ਰਹਿੰਦਾ ਹੈ, ਤੇ ਇਸ ਦਾ ਮੁੱਲ ਭੀ ਤੁੱਛ ਜਿਹਾ ਹੁੰਦਾ ਹੈ।

3417	85	ਦੂਜੈ ਲਗੇ ਪਚਿ ਮੁਏ ਮੂਰਖ ਅੰਧ ਗਵਾਰ॥		Dhoojai Lagae Pach Mueae Moorakh Andhh Gavaar ||	Attached to duality, the foolish, blind and stupid people waste away and die.	ਮੂਰਖ (ਅਕਲੋਂ) ਅੰਨ੍ਹੇ ਤੇ ਮਤਿ-ਹੀਣ ਜੀਵ ਮਾਇਆ ਦੇ ਮੋਹ ਵਿਚ ਫਸ ਕੇ ਮੁੜ ਮੁੜ ਦੁਖੀ ਹੁੰਦੇ ਹਨ,
3418	85	ਬਿਸਟਾ ਅੰਦਰਿ ਕੀਟ ਸੇ ਪਇ ਪਚਹਿ ਵਾਰੋ ਵਾਰ॥	ਪਚਹਿ: ਪੋਲਾ ਬੋਲੋ	Bisattaa Andhar Keett Sae Pae Pachehi Vaaro Vaar ||	Like worms, they live in manure, and in it, they die over and over again.	ਜਿਵੇਂ ਬਿਸ਼ਟੇ ਵਿਚ ਪਏ ਹੋਏ ਕੀੜੇ ਵਿਲੂੰ ਵਿਲੂੰ ਕਰਦੇ ਹਨ।
3419	85	ਨਾਨਕ ਨਾਮ ਰਤੇ ਸੇ ਰੰਗੁਲੇ ਗੁਰ ਕੈ ਸਹਜਿ ਸੁਭਾਇ॥		Naanak Naam Rathae Sae Rangulae Gur Kai Sehaj Subhaae ||	O Nanak, those who are attuned to the Naam are dyed in the color of truth; they take on the intuitive peace and poise of the Guru.	ਹੇ ਨਾਨਕ! ਜੋ ਜੀਵ ਗੁਰੂ ਦੇ ਗਿਆਨ ਤੇ ਸੁਭਾਉ ਵਿਚ (ਆਪਣੀ ਮਤਿ ਤੇ ਸੁਭਾਉ ਲੀਨ ਕਰ ਦੇਂਦੇ ਹਨ), ਉਹ ਨਾਮ ਵਿਚ ਭਿੱਜੇ ਹੋਏ ਤੇ ਸੁੰਦਰ ਹਨ।
3420	85	ਭਗਤੀ ਰੰਗੁ ਨ ਉਤਰੈ ਸਹਜੇ ਰਹੈ ਸਮਾਇ॥੨॥		Bhagathee Rang N Outharai Sehajae Rehai Samaae ||2||	The color of devotional worship does not fade away; they remain intuitively absorbed in the Lord. ||2||	ਸਹਜ ਅਵਸਥਾ ਵਿਚ ਲੀਨ ਰਹਿਣ ਕਰਕੇ ਉਹਨਾਂ ਦਾ ਭਗਤੀ ਦਾ ਰੰਗ ਕਦੇ ਨਹੀਂ ਉਤਰਦਾ ॥੨॥
3421	85	ਪਉੜੀ॥		Pourree ||	Pauree:	

3422	85	ਸਿਸਟਿ ਉਪਾਈ ਸਭ ਤੁਧੁ ਆਪੇ ਰਿਜਕੁ ਸੰਬਾਹਿਆ॥		Sisatt Oupaaee Sabh Thudhh Aapae Rijak Sanbaahiaa ||	You created the entire universe, and You Yourself bring sustenance to it.	(ਹੇ ਹਰੀ!) ਤੂੰ ਆਪੇ (ਸਾਰਾ) ਸੰਸਾਰ ਰਚਿਆ ਹੈ, ਅਤੇ (ਸਭ ਨੂੰ) ਰਿਜ਼ਕ ਅਪੜਾ ਰਿਹਾ ਹੈਂ।
3423	85	ਇਕਿ ਵਲੁ ਛਲੁ ਕਰਿ ਕੈ ਖਾਵਦੇ ਮੁਹਹੁ ਕੂੜੁ ਕੁਸਤੁ ਤਿਨੀ ਢਾਹਿਆ॥	ਵਲੁ, ਛਲੁ: ਪੋਲੇ ਬੋਲੋ। ਮੁਹ-ਹੁ। ਕੁ-ਸੱਤੁ।	Eik Val Shhal Kar Kai Khaavadhae Muhahu Koorr Kusath Thinee Dtaahiaa ||	Some eat and survive by practicing fraud and deceit; from their mouths they drop falsehood and lies.	(ਫਿਰ ਭੀ) ਕਈ ਜੀਵ (ਤੈਨੂੰ ਰਾਜ਼ਕ ਨਾਹ ਸਮਝਦੇ ਹੋਏ) ਵਲ-ਛਲ ਕਰ ਕੇ ਢਿੱਡ ਭਰਦੇ ਹਨ, ਤੇ ਮੂੰਹੋਂ ਕੂੜ ਕੁਸੱਤ ਬੋਲਦੇ ਹਨ।
3424	85	ਤੁਧੁ ਆਪੇ ਭਾਵੈ ਸੋ ਕਰਹਿ ਤੁਧੁ ਓਤੈ ਕੰਮਿ ਓਇ ਲਾਇਆ॥		Thudhh Aapae Bhaavai So Karehi Thudhh Outhai Kanm Oue Laaeiaa ||	As it pleases You, You assign them their tasks.	(ਹੇ ਹਰੀ!) ਜੋ ਤੇਰੀ ਰਜ਼ਾ ਹੈ ਸੋਈ ਉਹ ਕਰਦੇ ਹਨ, ਤੂੰ ਉਹਨਾਂ ਨੂੰ ਉਹੋ ਜਿਹੇ ਕੰਮ (ਵਲ-ਛਲ) ਵਿਚ ਹੀ ਲਾ ਰੱਖਿਆ ਹੈ।
3425	85	ਇਕਨਾ ਸਚੁ ਬੁਝਾਇਓਨੁ ਤਿਨਾ ਅਤੁਟ ਭੰਡਾਰ ਦੇਵਾਇਆ॥	ਬੁੱਝਾਇਓਨੁ	Eikanaa Sach Bujhaaeioun Thinaa Athutt Bhanddaar Dhaevaaeiaa ||	Some understand Truthfulness; they are given the inexhaustible treasure.	ਜਿਨ੍ਹਾਂ ਨੂੰ ਹਰੀ ਨੇ ਆਪਣੇ ਸੱਚੇ ਨਾਮ ਦੀ ਸੂਝ ਬਖ਼ਸ਼ੀ ਹੈ, ਉਹਨਾਂ ਨੂੰ ਇਤਨੇ ਖ਼ਜ਼ਾਨੇ (ਸੰਤੋਖ ਦੇ) ਉਸ ਨੇ ਦਿੱਤੇ ਹਨ ਕਿ ਤੋਟ ਹੀ ਨਹੀਂ ਆਉਂਦੀ।

3426	85	ਹਰਿ ਚੇਤਿ ਖਾਹਿ ਤਿਨਾ ਸਫਲੁ ਹੈ ਅਚੇਤਾ ਹਥ ਤਡਾਇਆ॥੮॥	ਲੋਕਾਂ ਅੱਗੇ ਹੱਥ (ਤਡਾਇਆ) ਅੱਡਦੇ ਹਨ	Har Chaeth Khaahi Thinaa Safal Hai Achaethaa Hathh Thaddaaeiaa ||8||	Those who eat by remembering the Lord are prosperous, while those who do not remember Him stretch out their hands in need. ||8||	(ਅਸਲੀ ਗੱਲ ਇਹ ਹੈ ਕਿ) ਜੋ ਜੀਵ ਪ੍ਰਭੂ ਨੂੰ ਯਾਦ ਕਰ ਕੇ ਮਾਇਆ ਵਰਤਦੇ ਹਨ, ਉਹਨਾਂ ਨੂੰ ਫਲਦੀ ਹੈ (ਭਾਵ, ਉਹ ਤ੍ਰਿਸ਼ਨਾਤੁਰ ਨਹੀਂ ਹੁੰਦੇ) ਤੇ ਰੱਬ ਦੀ ਯਾਦ ਤੋਂ ਸੱਖਣਿਆਂ ਦੇ ਹੱਥ (ਸਦਾ) ਅੱਡੇ ਰਹਿੰਦੇ ਹਨ (ਭਾਵ, ਉਹਨਾਂ ਦੀ ਤ੍ਰਿਸ਼ਨਾ ਨਹੀਂ ਮਿਟਦੀ) ॥੮॥
3427	85	ਸਲੋਕ ਮਃ ੩॥		Salok Ma 3 ||	Shalok, Third Mehl:	
3428	85	ਪੜਿ ਪੜਿ ਪੰਡਿਤ ਬੇਦ ਵਖਾਣਹਿ ਮਾਇਆ ਮੋਹ ਸੁਆਇ॥		Parr Parr Panddith Baedh Vakhaanehi Maaeiaa Moh Suaae ||	The Pandits, the religious scholars, constantly read and recite the Vedas, for the sake of the love of Maya.	(ਜੀਭ ਨਾਲ) ਪੜ੍ਹ ਪੜ੍ਹ ਕੇ (ਪਰ) ਮਾਇਆ ਦੇ ਮੋਹ ਦੇ ਸੁਆਦ ਵਿਚ ਪੰਡਤ ਲੋਕ ਵੇਦਾਂ ਦੀ ਵਿਆਖਿਆ ਕਰਦੇ ਹਨ।
3429	85	ਦੂਜੈ ਭਾਇ ਹਰਿ ਨਾਮੁ ਵਿਸਾਰਿਆ ਮਨ ਮੂਰਖ ਮਿਲੈ ਸਜਾਇ॥		Dhoojai Bhaae Har Naam Visaariaa Man Moorakh Milai Sajaae ||	In the love of duality, the foolish people have forgotten the Lord's Name; they shall receive their punishment.	(ਵੇਦ-ਪਾਠੀ ਹੁੰਦਿਆਂ ਭੀ) ਜੋ ਮਨੁੱਖ ਮਾਇਆ ਦੇ ਪਿਆਰ ਵਿਚ ਹਰੀ ਦਾ ਨਾਮ ਵਿਸਾਰਦਾ ਹੈ, ਉਸ ਮਨ ਦੇ ਮੂਰਖ ਨੂੰ ਦੰਡ ਮਿਲਦਾ ਹੈ,

3430	85	ਜਿਨਿ ਜੀਉ ਪਿੰਡੁ ਦਿਤਾ ਤਿਸੁ ਕਬਹੂੰ ਨ ਚੇਤੈ ਜੋ ਦੇਂਦਾ ਰਿਜਕੁ ਸੰਬਾਹਿ॥		Jin Jeeo Pindd Dhithaa This Kabehoon N Chaethai Jo Dhaenadhaa Rijak Sanbaahi ||	They never think of the One who gave them body and soul, who provides sustenance to all.	(ਕਿਉਂਕਿ) ਜਿਸ ਹਰੀ ਨੇ ਜਿੰਦ ਤੇ ਸਰੀਰ (ਭਾਵ, ਮਨੁੱਖਾ ਜਨਮ) ਬਖ਼ਸ਼ਿਆ ਹੈ ਤੇ ਜੋ ਰਿਜ਼ਕ ਪੁਚਾਉਂਦਾ ਹੈ ਉਸ ਨੂੰ ਉਹ ਕਦੇ ਯਾਦ ਭੀ ਨਹੀਂ ਕਰਦਾ।
3431	85	ਜਮ ਕਾ ਫਾਹਾ ਗਲਹੁ ਨ ਕਟੀਐ ਫਿਰਿ ਫਿਰਿ ਆਵੈ ਜਾਇ॥		Jam Kaa Faahaa Galahu N Katteeai Fir Fir Aavai Jaae ||	The noose of death shall not be cut away from their necks; they shall come and go in reincarnation over and over again.	ਜਮ ਦੀ ਫਾਹੀ ਉਸ ਦੇ ਗਲੋਂ ਕਦੇ ਕੱਟੀ ਨਹੀਂ ਜਾਂਦੀ ਤੇ ਮੁੜ ਮੁੜ ਉਹ ਜੰਮਦਾ ਮਰਦਾ ਹੈ।
3432	85	ਮਨਮੁਖਿ ਕਿਛੂ ਨ ਸੂਝੈ ਅੰਧੁਲੇ ਪੂਰਬਿ ਲਿਖਿਆ ਕਮਾਇ॥		Manamukh Kishhoo N Soojhai Andhhulae Poorab Likhiaa Kamaae ||	The blind, self-willed manmukhs do not understand anything. They do what they are pre-ordained to do.	ਅੰਨ੍ਹੇ ਮਨਮੁਖ ਨੂੰ ਕੁਝ ਸਮਝ ਨਹੀਂ ਆਉਂਦੀ, ਤੇ (ਪਹਿਲੇ ਕੀਤੇ ਕੰਮਾਂ ਦੇ ਅਨੁਸਾਰ ਜੋ ਸੰਸਕਾਰ ਆਪਣੇ ਹਿਰਦੇ ਤੇ) ਲਿਖਦਾ ਰਿਹਾ ਹੈ, (ਉਹਨਾਂ ਦੇ ਅਨੁਸਾਰ ਹੀ ਹੁਣ ਭੀ) ਵੈਸੇ ਕੰਮ ਕਰੀ ਜਾਂਦਾ ਹੈ।
3433	85	ਪੂਰੈ ਭਾਗਿ ਸਤਿਗੁਰੁ ਮਿਲੈ ਸੁਖਦਾਤਾ ਨਾਮੁ ਵਸੈ ਮਨਿ ਆਇ॥		Poorai Bhaag Sathigur Milai Sukhadhaathaa Naam Vasai Man Aae ||	Through perfect destiny, they meet the True Guru, the Giver of peace, and the Naam comes to abide in the mind.	(ਜਿਸ ਮਨੁੱਖ ਨੂੰ) ਪੂਰੇ ਭਾਗਾਂ ਨਾਲ ਸੁਖ-ਦਾਤਾ ਸਤਿਗੁਰੂ ਮਿਲ ਪੈਂਦਾ ਹੈ, ਨਾਮ ਉਸ ਦੇ ਮਨ ਵਿਚ ਆ ਵੱਸਦਾ ਹੈ।

3434	85	ਸੁਖੁ ਮਾਣਹਿ ਸੁਖੁ ਪੈਨਣਾ ਸੁਖੇ ਸੁਖਿ ਵਿਹਾਇ॥	ਪੈਨ੍ਣਾ	Sukh Maanehi Sukh Painanaa Sukhae Sukh Vihaae ||	They enjoy peace, they wear peace, and they pass their lives in the peace of peace.	(ਗੁਰੂ ਦੀ ਸਰਨ ਪੈਣ ਵਾਲੇ ਮਨੁੱਖ) ਆਤਮਕ ਆਨੰਦ ਮਾਣਦੇ ਹਨ (ਦੁਨੀਆ ਦਾ ਖਾਣ) ਹੰਢਾਣ (ਉਹਨਾਂ ਵਾਸਤੇ) ਆਤਮਕ ਆਨੰਦ ਹੀ ਹੈ, ਤੇ (ਉਹਨਾਂ ਦੀ ਉਮਰ) ਨਿਰੋਲ ਸੁਖ ਵਿਚ ਹੀ ਬੀਤਦੀ ਹੈ।
3435	85	ਨਾਨਕ ਸੋ ਨਾਉ ਮਨਹੁ ਨ ਵਿਸਾਰੀਐ ਜਿਤੁ ਦਰਿ ਸਚੈ ਸੋਭਾ ਪਾਇ॥੧॥		Naanak So Naao Manahu N Visaareeai Jith Dhar Sachai Sobhaa Paae ||1||	O Nanak, they do not forget the Naam from the mind; they are honored in the Court of the Lord. ||1||	ਹੇ ਨਾਨਕ! ਇਹੋ ਜਿਹਾ (ਸੁਖਦਾਈ) ਨਾਮ ਮਨੋਂ ਵਿਸਾਰਨਾ ਚੰਗਾ ਨਹੀਂ, ਜਿਸ ਦੀ ਰਾਹੀਂ ਸੱਚੀ ਦਰਗਾਹ ਵਿਚ ਸੋਭਾ ਮਿਲਦੀ ਹੈ ॥੧॥
3436	85	ਮਃ ੩॥		Ma 3 ||	Third Mehl:	
3437	85	ਸਤਿਗੁਰੁ ਸੇਵਿ ਸੁਖੁ ਪਾਇਆ ਸਚੁ ਨਾਮੁ ਗੁਣਤਾਸੁ॥		Sathigur Saev Sukh Paaeiaa Sach Naam Gunathaas ||	Serving the True Guru, peace is obtained. The True Name is the Treasure of Excellence.	(ਜਿਸ ਨੇ) ਸਤਿਗੁਰੂ ਦੀ ਦੱਸੀ ਸੇਵਾ ਕੀਤੀ ਹੈ (ਉਸ ਨੂੰ) ਗੁਣਾਂ ਦਾ ਖ਼ਜ਼ਾਨਾ ਸੱਚਾ ਨਾਮ (ਰੂਪੀ) ਸੁਖ ਪ੍ਰਾਪਤ ਹੁੰਦਾ ਹੈ।
3438	86	ਗੁਰਮਤੀ ਆਪੁ ਪਛਾਣਿਆ ਰਾਮ ਨਾਮ ਪਰਗਾਸੁ॥		Guramathee Aap Pashhaaniaa Raam Naam Paragaas ||	Follow the Guru's Teachings, and recognize your own self; the Divine Light of the Lord's Name shall shine within.	ਗੁਰੂ ਦੀ ਮਤਿ ਲੈ ਕੇ (ਉਹ) ਆਪੇ ਦੀ ਪਛਾਣ ਕਰਦਾ ਹੈ, ਤੇ ਹਰੀ ਦੇ ਨਾਮ ਦਾ (ਉਸ ਦੇ ਅੰਦਰ) ਚਾਨਣ ਹੁੰਦਾ ਹੈ।

3439	86	ਸਚੋ ਸਚੁ ਕਮਾਵਣਾ ਵਡਿਆਈ ਵਡੇ ਪਾਸਿ॥		Sacho Sach Kamaavanaa Vaddiaaee Vaddae Paas ||	The true ones practice Truth; greatness rests in the Great Lord.	ਉਹ ਨਿਰੋਲ ਸਦਾ-ਥਿਰ ਨਾਮ ਸਿਮਰਨ ਦੀ ਕਮਾਈ ਕਰਦਾ ਹੈ, (ਇਸ ਕਰਕੇ) ਪ੍ਰਭੂ ਦੀ ਦਰਗਾਹ ਵਿਚ (ਉਸ ਨੂੰ) ਆਦਰ ਮਿਲਦਾ ਹੈ।
3440	86	ਜੀਉ ਪਿੰਡੁ ਸਭੁ ਤਿਸ ਕਾ ਸਿਫਤਿ ਕਰੇ ਅਰਦਾਸਿ॥		Jeeo Pindd Sabh This Kaa Sifath Karae Aradhaas ||	Body, soul and all things belong to the Lord-praise Him, and offer your prayers to Him.	ਜਿੰਦ ਤੇ ਸਰੀਰ ਸਭ ਕੁਝ ਪ੍ਰਭੂ ਦਾ (ਜਾਣ ਕੇ ਉਹ ਪ੍ਰਭੂ ਅੱਗੇ) ਬੇਨਤੀ ਤੇ ਸਿਫ਼ਤ-ਸਾਲਾਹ ਕਰਦਾ ਹੈ।
3441	86	ਸਚੈ ਸਬਦਿ ਸਾਲਾਹਣਾ ਸੁਖੇ ਸੁਖਿ ਨਿਵਾਸੁ॥		Sachai Sabadh Saalaahanaa Sukhae Sukh Nivaas ||	Sing the Praises of the True Lord through the Word of His Shabad, and you shall abide in the peace of peace.	ਸ਼ਬਦ ਦੀ ਰਾਹੀਂ ਉਹ ਸਦਾ-ਥਿਰ ਪ੍ਰਭੂ ਦੀ ਸਿਫ਼ਤਿ ਕਰਦਾ ਹੈ, ਤੇ ਹਰ ਵੇਲੇ ਆਤਮਕ ਆਨੰਦ ਵਿਚ ਲੀਨ ਰਹਿੰਦਾ ਹੈ।
3442	86	ਜਪੁ ਤਪੁ ਸੰਜਮੁ ਮਨੈ ਮਾਹਿ ਬਿਨੁ ਨਾਵੈ ਧ੍ਰਿਗੁ ਜੀਵਾਸੁ॥		Jap Thap Sanjam Manai Maahi Bin Naavai Dhhrig Jeevaas ||	You may practice chanting, penance and austere self-discipline within your mind, but without the Name, life is useless.	ਪ੍ਰਭੂ ਦੀ ਸਿਫ਼ਤ-ਸਾਲਾਹ ਮਨ ਵਿਚ ਵਸਾਣੀ-ਇਹੀ ਉਸ ਲਈ ਜਪ ਤਪ ਤੇ ਸੰਜਮ ਹੈ ਤੇ ਨਾਮ ਤੋਂ ਸੱਖਣਾ ਜੀਵਨ (ਉਸ ਨੂੰ) ਫਿਟਕਾਰ-ਜੋਗ (ਪ੍ਰਤੀਤ ਹੁੰਦਾ ਹੈ)।

3443	86	ਗੁਰਮਤੀ ਨਾਉ ਪਾਈਐ ਮਨਮੁਖ ਮੋਹਿ ਵਿਣਾਸੁ॥		Guramathee Naao Paaeeai Manamukh Mohi Vinaas ||	Through the Guru's Teachings, the Name is obtained, while the self-willed manmukh wastes away in emotional attachment.	(ਇਹੀ) ਨਾਮ ਗੁਰੂ ਦੀ ਮਤਿ ਤੇ ਚੱਲਿਆਂ ਮਿਲਦਾ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮੋਹ ਵਿਚ (ਫਸ ਕੇ) ਨਸ਼ਟ ਹੁੰਦਾ ਹੈ (ਭਾਵ, ਮਨੁੱਖਾ ਜਨਮ ਵਿਅਰਥ ਗਵਾ ਲੈਂਦਾ ਹੈ)।
3444	86	ਜਿਉ ਭਾਵੈ ਤਿਉ ਰਾਖੁ ਤੂੰ ਨਾਨਕੁ ਤੇਰਾ ਦਾਸੁ॥੨॥		Jio Bhaavai Thio Raakh Thoon Naanak Thaeraa Dhaas ||2||	Please protect me, by the Pleasure of Your Will. Nanak is Your slave. ||2||	(ਹੇ ਪ੍ਰਭੂ!) ਜਿਵੇਂ ਤੈਨੂੰ ਚੰਗਾ ਲੱਗੇ, ਤਿਵੇਂ ਸਹੈਤਾ ਕਰ (ਤੇ ਨਾਮ ਦੀ ਦਾਤ ਦੇਹ) ਨਾਨਕ ਤੇਰਾ ਸੇਵਕ ਹੈ ॥੨॥
3445	86	ਪਉੜੀ॥		Pourree ||	Pauree:	
3446	86	ਸਭੁ ਕੋ ਤੇਰਾ ਤੂੰ ਸਭਸੁ ਦਾ ਤੂੰ ਸਭਨਾ ਰਾਸਿ॥		Sabh Ko Thaeraa Thoon Sabhas Dhaa Thoon Sabhanaa Raas ||	All are Yours, and You belong to all. You are the wealth of all.	(ਹੇ ਹਰੀ!) ਹਰੇਕ ਜੀਵ ਤੇਰਾ (ਬਣਾਇਆ ਹੋਇਆ ਹੈ) ਤੂੰ ਸਭ ਦਾ (ਮਾਲਕ ਹੈਂ ਅਤੇ) ਸਭਨਾਂ ਦਾ ਖ਼ਜ਼ਾਨਾ ਹੈਂ (ਭਾਵ, ਰਾਜ਼ਕ ਹੈਂ।)
3447	86	ਸਭਿ ਤੁਧੈ ਪਾਸਹੁ ਮੰਗਦੇ ਨਿਤ ਕਰਿ ਅਰਦਾਸਿ॥		Sabh Thudhhai Paasahu Mangadhae Nith Kar Aradhaas ||	Everyone begs from You, and all offer prayers to You each day.	ਇਸੇ ਕਰ ਕੇ ਸਦਾ ਜੋਦੜੀਆਂ ਕਰਕੇ ਸਾਰੇ ਜੀਵ ਤੇਰੇ ਪਾਸੋਂ ਹੀ ਦਾਨ ਮੰਗਦੇ ਹਨ।

3448	86	ਜਿਸੁ ਤੂੰ ਦੇਹਿ ਤਿਸੁ ਸਭੁ ਕਿਛੁ ਮਿਲੈ ਇਕਨਾ ਦੂਰਿ ਹੈ ਪਾਸਿ॥		Jis Thoon Dhaehi This Sabh Kishh Milai Eikanaa Dhoor Hai Paas ||	Those, unto whom You give, receive everything. You are far away from some, and You are close to others.	ਜਿਸ ਨੂੰ ਤੂੰ ਦਾਤ ਦੇਂਦਾ ਹੈਂ, ਉਸ ਨੂੰ ਸਭ ਕੁਝ ਮਿਲ ਜਾਂਦਾ ਹੈ (ਭਾਵ, ਉਸ ਦੀ ਭਟਕਣਾ ਦੂਰ ਹੋ ਜਾਂਦੀ ਹੈ)। (ਪਰ ਜੋ ਹੋਰ ਦਰ ਢੂੰਡਦੇ ਹਨ, ਉਹਨਾਂ ਦੇ) ਤੂੰ ਨਿਕਟ-ਵਰਤੀ ਹੁੰਦਾ ਹੋਇਆ ਭੀ (ਉਹਨਾਂ ਨੂੰ) ਦੂਰਿ ਪ੍ਰਤੀਤ ਹੋ ਰਿਹਾ ਹੈਂ।
3449	86	ਤੁਧੁ ਬਾਝਹੁ ਥਾਉ ਕੋ ਨਾਹੀ ਜਿਸੁ ਪਾਸਹੁ ਮੰਗੀਐ ਮਨਿ ਵੇਖਹੁ ਕੋ ਨਿਰਜਾਸਿ॥	(ਨਿਰਜਾਸਿ) ਨਿਰਨਾ	Thudhh Baajhahu Thhaao Ko Naahee Jis Paasahu Mangeeai Man Vaekhahu Ko Nirajaas ||	Without You, there is not even a place to stand begging. See this yourself and verify it in your mind.	ਕੋਈ ਥਿਰ ਭੀ ਮਨ ਵਿਚ ਨਿਰਨਾ ਕਰ ਕੇ ਵੇਖ ਲਏ (ਹੇ ਹਰੀ!) ਤੇਥੋਂ ਬਿਨਾ ਹੋਰ ਕੋਈ ਟਿਕਾਣਾ ਨਹੀਂ, ਜਿਥੋਂ ਕੁਝ ਮੰਗ ਸਕੀਏ।
3450	86	ਸਭਿ ਤੁਧੈ ਨੋ ਸਾਲਾਹਦੇ ਦਰਿ ਗੁਰਮੁਖਾ ਨੋ ਪਰਗਾਸਿ॥੯॥	(ਤੁਧੈ) ਆਪ ਜੀ	Sabh Thudhhai No Saalaahadhae Dhar Guramukhaa No Paragaas ||9||	All praise You, O Lord; at Your Door, the Gurmukhs are enlightened. ||9||	(ਉਂਞ ਤਾਂ) ਸਾਰੇ ਜੀਵ ਤੇਰੀ ਹੀ ਵਡਿਆਈ ਕਰ ਰਹੇ ਹਨ, (ਪਰ) (ਜੋ ਜੀਵ) ਗੁਰੂ ਦੇ ਸਨਮੁਖ ਰਹਿੰਦੇ ਹਨ (ਉਹਨਾਂ ਨੂੰ) (ਤੂੰ ਆਪਣੀ ਦਰਗਾਹ ਵਿਚ ਪਰਗਟ ਕਰਦਾ ਹੈਂ (ਭਾਵ, ਆਦਰ ਬਖ਼ਸ਼ਦਾ ਹੈਂ) ॥੯॥
3451	86	ਸਲੋਕ ਮਃ ੩॥		Salok Ma 3 ||	Shalok, Third Mehl:	

3452	86	ਪੰਡਿਤੁ ਪੜਿ ਪੜਿ ਉਚਾ ਕੂਕਦਾ ਮਾਇਆ ਮੋਹਿ ਪਿਆਰੁ॥		Panddith Parr Parr Ouchaa Kookadhaa Maaeiaa Mohi Piaar ||	The Pandits, the religious scholars, read and read, and shout out loud, but they are attached to the love of Maya.	ਪੜ੍ਹ ਪੜ੍ਹ ਕੇ ਪੰਡਿਤ (ਜੀਭ ਨਾਲ ਵੇਦ ਆਦਿਕ ਦਾ) ਉੱਚੀ ਸੁਰ ਨਾਲ ਉਚਾਰਣ ਕਰਦਾ ਹੈ, (ਪਰ) ਮਾਇਆ ਦਾ ਮੋਹ ਪਿਆਰ (ਉਸ ਨੂੰ ਵਿਆਪ ਰਿਹਾ ਹੈ)।
3453	86	ਅੰਤਰਿ ਬ੍ਰਹਮੁ ਨ ਚੀਨਈ ਮਨਿ ਮੂਰਖੁ ਗਾਵਾਰੁ॥		Anthar Breham N Cheenee Man Moorakh Gaavaar ||	They do not recognize God within themselves-they are so foolish and ignorant!	(ਉਹ) ਹਿਰਦੇ ਵਿਚ ਰੱਬ ਦੀ ਭਾਲ ਨਹੀਂ ਕਰਦਾ, (ਇਸ ਕਰਕੇ) ਮਨੋਂ ਮੂਰਖ ਤੇ ਅਨਪੜ੍ਹ (ਹੀ ਹੈ।)
3454	86	ਦੂਜੈ ਭਾਇ ਜਗਤੁ ਪਰਬੋਧਦਾ ਨਾ ਬੂਝੈ ਬੀਚਾਰੁ॥	ਜੱਗ-ਤੁ। ਪਰ-ਬੋਧਦਾ।	Dhoojai Bhaae Jagath Parabodhhadhaa Naa Boojhai Beechaar ||	In the love of duality, they try to teach the world, but they do not understand meditative contemplation.	ਮਾਇਆ ਦੇ ਪਿਆਰ ਵਿਚ (ਉਸ ਨੂੰ ਆਪ ਨੂੰ ਤਾਂ) ਸਮਝ ਨਹੀਂ ਆਉਂਦੀ, (ਤੇ) ਸੰਸਾਰ ਨੂੰ ਮੱਤਾਂ ਦੇਂਦਾ ਹੈ।
3455	86	ਬਿਰਥਾ ਜਨਮੁ ਗਵਾਇਆ ਮਰਿ ਜੰਮੈ ਵਾਰੋ ਵਾਰ॥੧॥		Birathhaa Janam Gavaaeiaa Mar Janmai Vaaro Vaar ||1||	They lose their lives uselessly; they die, only to be re-born, over and over again. ||1||	(ਇਹੋ ਜਿਹਾ ਪੰਡਿਤ) ਮਨੁੱਖਾ ਜਨਮ ਵਿਅਰਥ ਗਵਾਉਂਦਾ ਹੈ, ਤੇ ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ ॥੧॥
3456	86	ਮਃ ੩॥		Ma 3 ||	Third Mehl:	

3457	86	ਜਿਨੀ ਸਤਿਗੁਰੁ ਸੇਵਿਆ ਤਿਨੀ ਨਾਉ ਪਾਇਆ ਬੂਝਹੁ ਕਰਿ ਬੀਚਾਰੁ॥		Jinee Sathigur Saeviaa Thinee Naao Paaeiaa Boojhahu Kar Beechaar ||	Those who serve the True Guru obtain the Name. Reflect on this and understand.	ਵਿਚਾਰ ਕਰ ਕੇ ਸਮਝ ਲਵੋ (ਭਾਵ, ਵੇਖ ਲਵੋ), ਜਿਨ੍ਹਾਂ ਨੇ ਸਤਿਗੁਰੂ ਦੀ ਦੱਸੀ ਹੋਈ ਕਾਰ ਕੀਤੀ ਹੈ ਉਨ੍ਹਾਂ ਨੂੰ ਹੀ ਨਾਮ ਦੀ ਪ੍ਰਾਪਤੀ ਹੋਈ ਹੈ।
3458	86	ਸਦਾ ਸਾਂਤਿ ਸੁਖੁ ਮਨਿ ਵਸੈ ਚੂਕੈ ਕੂਕ ਪੁਕਾਰ॥		Sadhaa Saanth Sukh Man Vasai Chookai Kook Pukaar ||	Eternal peace and joy abide in their minds; they abandon their cries and complaints.	ਉਹਨਾਂ ਦੇ ਹੀ ਹਿਰਦੇ ਵਿਚ ਸਦਾ ਸ਼ਾਂਤੀ ਤੇ ਸੁਖ ਵੱਸਦਾ ਹੈ ਤੇ ਕਲਪਣਾ ਮੁੱਕ ਜਾਂਦੀ ਹੈ।
3459	86	ਆਪੈ ਨੋ ਆਪੁ ਖਾਇ ਮਨੁ ਨਿਰਮਲੁ ਹੋਵੈ ਗੁਰ ਸਬਦੀ ਵੀਚਾਰੁ॥		Aapai No Aap Khaae Man Niramal Hovai Gur Sabadhee Veechaar ||	Their identity consumes their identical identity, and their minds become pure by contemplating the Word of the Guru's Shabad.	'ਆਪਣੇ ਆਪ ਨੂੰ ਖਾ ਜਾਏ (ਭਾਵ, ਆਪਾ-ਭਾਵ ਨਿਵਾਰੇ) ਤਾਂ ਮਨ ਸਾਫ਼ ਹੁੰਦਾ ਹੈ'-ਇਹ ਵਿਚਾਰ (ਭੀ) ਸਤਿਗੁਰੂ ਦੇ ਸ਼ਬਦ ਦੀ ਰਾਹੀਂ ਹੀ (ਉਪਜਦੀ ਹੈ)।
3460	86	ਨਾਨਕ ਸਬਦਿ ਰਤੇ ਸੇ ਮੁਕਤੁ ਹੈ ਹਰਿ ਜੀਉ ਹੇਤਿ ਪਿਆਰੁ॥੨॥		Naanak Sabadh Rathae Sae Mukath Hai Har Jeeo Haeth Piaar ||2||	O Nanak, attuned to the Shabad, they are liberated. They love their Beloved Lord. ||2||	ਹੇ ਨਾਨਕ! ਜੋ ਮਨੁੱਖ ਸਤਿਗੁਰੂ ਦੇ ਸ਼ਬਦ ਵਿਚ ਰੱਤੇ ਹੋਏ ਹਨ, ਉਹ ਮੁਕਤ ਹਨ, (ਕਿਉਂਕਿ) ਪ੍ਰਭੂ ਜੀ ਦੇ ਪਿਆਰ ਵਿਚ ਉਹਨਾਂ ਦੀ ਬਿਰਤੀ ਜੁੜੀ ਰਹਿੰਦੀ ਹੈ ॥੨॥
3461	86	ਪਉੜੀ॥		Pourree ||	Pauree:	

3462	86	ਹਰਿ ਕੀ ਸੇਵਾ ਸਫਲ ਹੈ ਗੁਰਮੁਖਿ ਪਾਵੈ ਥਾਇ॥		Har Kee Saevaa Safal Hai Guramukh Paavai Thhaae ||	Service to the Lord is fruitful; through it, the Gurmukh is honored and approved.	ਪ੍ਰਭੂ ਦੀ ਬੰਦਗੀ (ਉਂਞ ਤਾਂ ਹਰ ਇਕ ਲਈ ਹੀ) ਸਫਲ ਹੈ (ਭਾਵ, ਮਨੁੱਖਾ ਜਨਮ ਨੂੰ ਸਫਲਾ ਕਰਨ ਵਾਲੀ ਹੈ, ਪਰ) ਕਬੂਲ ਉਸ ਦੀ ਹੁੰਦੀ ਹੈ (ਭਾਵ, ਪੂਰਨ ਸਫਲਤਾ ਉਸ ਨੂੰ ਹੁੰਦੀ ਹੈ) ਜੋ ਸਤਿਗੁਰੂ ਦੇ ਸਨਮੁਖ ਰਹਿੰਦਾ ਹੈ।
3463	86	ਜਿਸੁ ਹਰਿ ਭਾਵੈ ਤਿਸੁ ਗੁਰੁ ਮਿਲੈ ਸੋ ਹਰਿ ਨਾਮੁ ਧਿਆਇ॥		Jis Har Bhaavai This Gur Milai So Har Naam Dhhiaae ||	That person, with whom the Lord is pleased, meets with the Guru, and meditates on the Name of the Lord.	ਉਸੇ ਮਨੁੱਖ ਨੂੰ (ਹੀ) ਸਤਿਗੁਰੂ ਮਿਲਦਾ ਹੈ, ਜਿਸ ਉਤੇ ਪ੍ਰਭੂ ਤਰੁੱਠਦਾ ਹੈ ਅਤੇ ਉਹੋ ਹੀ ਹਰਿ-ਨਾਮ ਦਾ ਸਿਮਰਨ ਕਰਦਾ ਹੈ।
3464	86	ਗੁਰ ਸਬਦੀ ਹਰਿ ਪਾਈਐ ਹਰਿ ਪਾਰਿ ਲਘਾਇ॥		Gur Sabadhee Har Paaeeai Har Paar Laghaae ||	Through the Word of the Guru's Shabad, the Lord is found. The Lord carries us across.	(ਜੀਵਾਂ ਨੂੰ ਸੰਸਾਰ-ਸਾਗਰ ਤੋਂ ਜੋ ਪ੍ਰਭੂ) ਪਾਰ ਲੰਘਾਂਦਾ ਹੈ, ਉਹ ਮਿਲਦਾ ਹੀ ਸਤਿਗੁਰੂ ਦੇ ਸ਼ਬਦ ਦੁਆਰਾ ਹੈ।
3465	86	ਮਨ ਹਠਿ ਕਿਨੈ ਨ ਪਾਇਓ ਪੁਛਹੁ ਵੇਦਾ ਜਾਇ॥		Manehath Kinai N Paaeiou Pushhahu Vaedhaa Jaae ||	Through stubborn-mindedness, none have found Him; go and consult the Vedas on this.	ਵੇਦ (ਆਦਿਕ ਧਾਰਮਕ ਪੁਸਤਕਾਂ) ਨੂੰ ਭੀ ਜਾ ਕੇ ਪੁੱਛ ਵੇਖੋ (ਭਾਵ, ਪੁਰਾਤਨ ਧਰਮ-ਪੁਸਤਕ ਭੀ ਇਹੀ ਗੱਲ ਦੱਸਦੇ ਹਨ) ਕਿ ਆਪਣੇ ਮਨ ਦੇ ਹਠ ਨਾਲ ਕਿਸੇ ਨੇ ਰੱਬ ਨਹੀਂ ਲੱਭਾ (ਗੁਰੂ ਦੀ ਰਾਹੀਂ ਹੀ ਮਿਲਦਾ ਹੈ)।

3466	86	ਨਾਨਕ ਹਰਿ ਕੀ ਸੇਵਾ ਸੋ ਕਰੇ ਜਿਸੁ ਲਏ ਹਰਿ ਲਾਇ॥੧੦॥		Naanak Har Kee Saevaa So Karae Jis Leae Har Laae ||10||	O Nanak, he alone serves the Lord, whom the Lord attaches to Himself. ||10||	ਹੇ ਨਾਨਕ! ਹਰੀ ਦੀ ਸੇਵਾ ਉਹੀ ਜੀਵ ਕਰਦਾ ਹੈ ਜਿਸ ਨੂੰ (ਗੁਰੂ ਮਿਲਾ ਕੇ) ਹਰੀ ਆਪਿ ਸੇਵਾ ਵਿਚ ਲਾਏ ॥੧੦॥
3467	86	ਸਲੋਕ ਮਃ ੩॥		Salok Ma 3 ||	Shalok, Third Mehl:	
3468	86	ਨਾਨਕ ਸੋ ਸੂਰਾ ਵਰੀਆਮੁ ਜਿਨਿ ਵਿਚਹੁ ਦੁਸਟੁ ਅਹੰਕਰਣੁ ਮਾਰਿਆ॥	(ਵਰੀ-ਆਮੁ) ਬਹਾਦਰ। ਅਹੰ-ਕਰਣੁ।	Naanak So Sooraa Vareeaam Jin Vichahu Dhusatt Ahankaran Maariaa ||	O Nanak, he is a brave warrior, who conquers and subdues his vicious inner ego.	ਹੇ ਨਾਨਕ! ਉਹ ਮਨੁੱਖ ਬਹਾਦੁਰ ਸੂਰਮਾ ਹੈ ਜਿਸ ਨੇ (ਮਨ) ਵਿਚੋਂ ਦੁਸ਼ਟ ਅਹੰਕਾਰ ਨੂੰ ਦੂਰ ਕੀਤਾ ਹੈ
3469	86	ਗੁਰਮੁਖਿ ਨਾਮੁ ਸਾਲਾਹਿ ਜਨਮੁ ਸਵਾਰਿਆ॥		Guramukh Naam Saalaahi Janam Savaariaa ||	Praising the Naam, the Name of the Lord, the Gurmukhs redeem their lives.	ਤੇ ਗੁਰੂ ਦੇ ਸਨਮੁਖ ਹੋ ਕੇ (ਪ੍ਰਭੂ ਦੇ) ਨਾਮ ਦੀ ਸਿਫ਼ਤ-ਸਾਲਾਹ ਕਰ ਕੇ ਜਨਮ ਸਫਲਾ ਕੀਤਾ ਹੈ।
3470	86	ਆਪਿ ਹੋਆ ਸਦਾ ਮੁਕਤੁ ਸਭੁ ਕੁਲੁ ਨਿਸਤਾਰਿਆ॥		Aap Hoaa Sadhaa Mukath Sabh Kul Nisathaariaa ||	They themselves are liberated forever, and they save all their ancestors.	ਉਹ (ਸੂਰਮਾ) ਆਪ ਸਦਾ ਲਈ (ਵਿਕਾਰਾਂ ਤੋਂ) ਛੁੱਟ ਜਾਂਦਾ ਹੈ, ਤੇ (ਨਾਲ) ਸਾਰੀ ਕੁਲ ਨੂੰ ਤਾਰ ਲੈਂਦਾ ਹੈ।
3471	86	ਸੋਹਨਿ ਸਚਿ ਦੁਆਰਿ ਨਾਮੁ ਪਿਆਰਿਆ॥		Sohan Sach Dhuaar Naam Piaariaa ||	Those who love the Naam look beauteous at the Gate of Truth.	'ਨਾਮ' ਨਾਲ ਪਿਆਰ ਕਰਨ ਵਾਲੇ ਬੰਦੇ ਸੱਚੇ ਹਰੀ ਦੇ ਦਰਗਾਹ ਵਿਚ ਸੋਭਾ ਪਾਉਂਦੇ ਹਨ।

3472	86	ਮਨਮੁਖ ਮਰਹਿ ਅਹੰਕਾਰਿ ਮਰਣੁ ਵਿਗਾੜਿਆ॥	ਅਹੰ-ਕਾਰਿ	Manamukh Marehi Ahankaar Maran Vigaarriaa ||	The self-willed manmukhs die in egotism-even their death is painfully ugly.	ਪਰ, ਮਨਮੁਖ ਅਹੰਕਾਰ ਵਿਚ ਸੜਦੇ ਹਨ ਤੇ ਦੁਖੀ ਹੋ ਕੇ ਮਰਦੇ ਹਨ।
3473	86	ਸਭੋ ਵਰਤੈ ਹੁਕਮੁ ਕਿਆ ਕਰਹਿ ਵਿਚਾਰਿਆ॥		Sabho Varathai Hukam Kiaa Karehi Vichaariaa ||	Everything happens according to the Lord's Will; what can the poor people do?	ਇਹਨਾਂ ਵਿਚਾਰਿਆਂ ਦੇ ਵੱਸ ਭੀ ਕੀਹ ਹੈ? ਸਭ (ਪ੍ਰਭੂ ਦਾ) ਭਾਣਾ ਵਰਤ ਰਿਹਾ ਹੈ।
3474	86	ਆਪਹੁ ਦੂਜੈ ਲਗਿ ਖਸਮੁ ਵਿਸਾਰਿਆ॥		Aapahu Dhoojai Lag Khasam Visaariaa ||	Attached to self-conceit and duality, they have forgotten their Lord and Master.	(ਮਨਮੁਖ ਆਪਣੇ ਆਪ ਦੀ ਖੋਜ ਛੱਡ ਕੇ ਮਾਇਆ ਵਿਚ ਚਿੱਤ ਜੋੜਦੇ ਹਨ, ਤੇ ਪ੍ਰਭੂ-ਪਤੀ ਨੂੰ ਵਿਸਾਰਦੇ ਹਨ।
3475	86	ਨਾਨਕ ਬਿਨੁ ਨਾਵੈ ਸਭੁ ਦੁਖੁ ਸੁਖੁ ਵਿਸਾਰਿਆ॥੧॥		Naanak Bin Naavai Sabh Dhukh Sukh Visaariaa ||1||	O Nanak, without the Name, everything is painful, and happiness is forgotten. ||1||	ਹੇ ਨਾਨਕ! ਨਾਮ ਤੋਂ ਹੀਣ ਹੋਣ ਕਰਕੇ ਉਹਨਾਂ ਨੂੰ ਸਦਾ ਦੁੱਖ ਮਿਲਦਾ ਹੈ, ਸੁਖ ਉਹਨਾਂ ਨੂੰ ਵਿਸਰ ਹੀ ਜਾਂਦਾ ਹੈ (ਭਾਵ, ਸੁਖ ਦਾ ਕਦੀ ਮੂੰਹ ਨਹੀਂ ਵੇਖਦੇ) ॥੧॥
3476	86	ਮਃ ੩॥		Ma 3 ||	Third Mehl:	
3477	86	ਗੁਰਿ ਪੂਰੈ ਹਰਿ ਨਾਮੁ ਦਿੜਾਇਆ ਤਿਨਿ ਵਿਚਹੁ ਭਰਮੁ ਚੁਕਾਇਆ॥		Gur Poorai Har Naam Dhirraaeiaa Thin Vichahu Bharam Chukaaeiaa ||	The Perfect Guru has implanted the Name of the Lord within me. It has dispelled my doubts from within.	ਜਿਨ੍ਹਾਂ ਨੂੰ ਪੂਰੇ ਸਤਿਗੁਰੂ ਨੇ ਹਿਰਦੇ ਵਿਚ ਹਰਿ-ਨਾਮ ਦ੍ਰਿੜ੍ਹ ਕਰ ਦਿੱਤਾ ਹੈ, ਉਹਨਾਂ ਨੇ ਅੰਦਰੋਂ ਭਟਕਣਾ ਦੂਰ ਕਰ ਲਈ ਹੈ।

3478	86	ਰਾਮ ਨਾਮੁ ਹਰਿ ਕੀਰਤਿ ਗਾਈ ਕਰਿ ਚਾਨਣੁ ਮਗੁ ਦਿਖਾਇਆ॥		Raam Naam Har Keerath Gaaee Kar Chaanan Mag Dhikhaaeiaa ||	I sing the Lord's Name and the Kirtan of the Lord's Praises; the Divine Light shines, and now I see the Way.	ਉਹ ਹਰੀ-ਨਾਮ ਦੀ ਉਪਮਾ ਕਰਦੇ ਹਨ, ਤੇ (ਇਸ ਸਿਫ਼ਤ-ਸਾਲਾਹ ਨੂੰ) ਚਾਨਣ ਬਣਾ ਕੇ (ਸਿੱਧਾ) ਰਸਤਾ ਉਹਨਾਂ ਨੂੰ ਦਿੱਸ ਪੈਂਦਾ ਹੈ।
3479	86	ਹਉਮੈ ਮਾਰਿ ਏਕ ਲਿਵ ਲਾਗੀ ਅੰਤਰਿ ਨਾਮੁ ਵਸਾਇਆ॥		Houmai Maar Eaek Liv Laagee Anthar Naam Vasaaeiaa ||	Conquering my ego, I am lovingly focused on the One Lord; the Naam has come to dwell within me.	ਉਹ ਅਹੰਕਾਰ ਦੂਰ ਕਰ ਕੇ ਇੱਕ ਨਾਲ ਨਿਹੁੰ ਲਾਂਦੇ ਹਨ, ਅਤੇ ਹਿਰਦੇ ਵਿਚ ਨਾਮ ਵਸਾਂਦੇ ਹਨ।
3480	87	ਗੁਰਮਤੀ ਜਮੁ ਜੋਹਿ ਨ ਸਾਕੈ ਸਾਚੈ ਨਾਮਿ ਸਮਾਇਆ॥		Guramathee Jam Johi N Saakai Saachai Naam Samaaeiaa ||	Following the Guru's Teachings, I cannot be touched by the Messenger of Death. I am absorbed in the True Name.	ਗੁਰੂ ਦੀ ਮਤਿ ਤੇ ਤੁਰਨ ਦੇ ਕਾਰਨ ਜਮ ਉਹਨਾਂ ਨੂੰ ਘੂਰ ਨਹੀਂ ਸਕਦਾ, (ਕਿਉਂਕਿ) ਸੱਚੇ ਨਾਮ ਵਿਚ ਉਹਨਾਂ ਦੀ ਬਿਰਤੀ ਜੁੜੀ ਹੁੰਦੀ ਹੈ।
3481	87	ਸਭੁ ਆਪੇ ਆਪਿ ਵਰਤੈ ਕਰਤਾ ਜੋ ਭਾਵੈ ਸੋ ਨਾਇ ਲਾਇਆ॥		Sabh Aapae Aap Varathai Karathaa Jo Bhaavai So Naae Laaeiaa ||	The Creator Himself is All-pervading everywhere; He links those with whom He is pleased to His Name.	(ਪਰ) ਇਹ ਸਭ ਪ੍ਰਭੂ ਦਾ ਆਪਣਾ ਕੌਤਕ ਹੈ, ਜਿਸ ਤੇ ਪ੍ਰਸੰਨ ਹੁੰਦਾ ਹੈ ਉਸ ਨੂੰ ਨਾਮ ਵਿਚ ਜੋੜਦਾ ਹੈ।

3482	87	ਜਨ ਨਾਨਕੁ ਨਾਮੁ ਲਏ ਤਾ ਜੀਵੈ ਬਿਨੁ ਨਾਵੈ ਖਿਨੁ ਮਰਿ ਜਾਇਆ॥੨॥		Jan Naanak Naam Leae Thaa Jeevai Bin Naavai Khin Mar Jaaeiaa ||2||	Servant Nanak chants the Naam, and so he lives. Without the Name, he would die in an instant. ||2||	(ਇਹ) ਦਾਸ ਨਾਨਕ (ਭੀ) 'ਨਾਮ' ਦੇ ਆਸਰੇ ਹੈ, ਇਕ ਪਲਕ ਭਰ ਭੀ 'ਨਾਮ' ਤੋਂ ਸੱਖਣਾ ਰਹੇ ਤਾਂ ਮਰਨ ਲਗਦਾ ਹੈ ॥੨॥
3483	87	ਪਉੜੀ॥		Pourree ||	Pauree:	
3484	87	ਜੋ ਮਿਲਿਆ ਹਰਿ ਦੀਬਾਣ ਸਿਉ ਸੋ ਸਭਨੀ ਦੀਬਾਣੀ ਮਿਲਿਆ॥		Jo Miliaa Har Dheebaan Sio So Sabhanee Dheebaanee Miliaa ||	One who is accepted at the Court of the Lord shall be accepted in courts everywhere.	ਜੋ ਮਨੁੱਖ ਹਰੀ ਦੇ ਦਰਬਾਰ ਵਿਚ ਮਿਲਿਆ (ਆਦਰ ਪਾਉਣ-ਯੋਗ ਹੋਇਆ) ਹੈ, ਉਸ ਨੂੰ (ਸੰਸਾਰ ਦੇ) ਸਭ ਦਰਬਾਰਾਂ ਵਿਚ ਆਦਰ ਮਿਲਦਾ ਹੈ।
3485	87	ਜਿਥੈ ਓਹੁ ਜਾਇ ਤਿਥੈ ਓਹੁ ਸੁਰਖਰੂ ਓਸ ਕੈ ਮੁਹਿ ਡਿਠੈ ਸਭ ਪਾਪੀ ਤਰਿਆ॥		Jithhai Ouhu Jaae Thithhai Ouhu Surakharoo Ous Kai Muhi Ddithai Sabh Paapee Thariaa ||	Wherever he goes, he is recognized as honorable. Seeing his face, all sinners are saved.	ਜਿਥੇ ਉਹ ਜਾਂਦਾ ਹੈ, ਉਥੇ ਹੀ ਉਸ ਦਾ ਮੱਥਾ ਖਿੜਿਆ ਰਹਿੰਦਾ ਹੈ, ਉਸ ਦਾ ਮੂੰਹ ਵੇਖ ਕੇ (ਭਾਵ, ਉਸ ਦਾ ਦਰਸ਼ਨ ਕਰ ਕੇ) ਸਭ ਪਾਪੀ ਤਰ ਜਾਂਦੇ ਹਨ,
3486	87	ਓਸੁ ਅੰਤਰਿ ਨਾਮੁ ਨਿਧਾਨੁ ਹੈ ਨਾਮੋ ਪਰਵਰਿਆ॥		Ous Anthar Naam Nidhhaan Hai Naamo Paravariaa ||	Within him is the Treasure of the Naam, the Name of the Lord. Through the Naam, he is exalted.	(ਕਿਉਂਕਿ) ਉਸ ਦੇ ਹਿਰਦੇ ਵਿਚ ਨਾਮ ਦਾ ਖ਼ਜ਼ਾਨਾ ਹੈ, ਤੇ ਨਾਮ ਹੀ ਉਸ ਦਾ ਪਰਵਾਰ ਹੈ (ਭਾਵ, ਨਾਮ ਹੀ ਉਸ ਦੇ ਸਿਰ ਦੇ ਦੁਆਲੇ ਰੌਸ਼ਨੀ ਦਾ ਚੱਕ੍ਰ ਹੈ)।

3487	87	ਨਾਉ ਪੂਜੀਐ ਨਾਉ ਮੰਨੀਐ ਨਾਇ ਕਿਲਵਿਖ ਸਭ ਹਿਰਿਆ॥		Naao Poojeeai Naao Manneeai Naae Kilavikh Sabh Hiriaa ||	He worships the Name, and believes in the Name; the Name erases all his sinful mistakes.	(ਹੇ ਭਾਈ!) ਨਾਮ ਸਿਮਰਨਾ ਚਾਹੀਦਾ ਹੈ, ਤੇ ਨਾਮ ਦਾ ਹੀ ਧਿਆਨ ਧਰਨਾ ਚਾਹੀਦਾ ਹੈ, ਨਾਮ (ਜਪਣ) ਕਰ ਕੇ ਸਭ ਪਾਪ ਦੂਰ ਹੋ ਜਾਂਦੇ ਹਨ।
3488	87	ਜਿਨੀ ਨਾਮੁ ਧਿਆਇਆ ਇਕ ਮਨਿ ਇਕ ਚਿਤਿ ਸੇ ਅਸਥਿਰੁ ਜਗਿ ਰਹਿਆ॥੧੧॥		Jinee Naam Dhhiaaeiaa Eik Man Eik Chith Sae Asathhir Jag Rehiaa ||11||	Those who meditate on the Name, with one-pointed mind and focused consciousness, remain forever stable in the world. ||11||	ਜਿਨ੍ਹਾਂ ਨੇ ਏਕਾਗਰ ਚਿੱਤ ਹੋ ਕੇ ਨਾਮ ਜਪਿਆ ਹੈ, ਉਹ ਸੰਸਾਰ ਵਿਚ ਅਟੱਲ ਹੋ ਗਏ ਹਨ (ਭਾਵ, ਸੰਸਾਰ ਵਿਚ ਸਦਾ ਲਈ ਉਹਨਾਂ ਦੀ ਸੋਭਾ ਤੇ ਪ੍ਰਤਿਸ਼ਟਾ ਕਾਇਮ ਹੋ ਗਈ ਹੈ) ॥੧੧॥
3489	87	ਸਲੋਕ ਮਃ ੩॥		Salok Ma 3 ||	Shalok, Third Mehl:	
3490	87	ਆਤਮਾ ਦੇਉ ਪੂਜੀਐ ਗੁਰ ਕੈ ਸਹਜਿ ਸੁਭਾਇ॥		Aathamaa Dhaeo Poojeeai Gur Kai Sehaj Subhaae ||	Worship the Divine, Supreme Soul, with the intuitive peace and poise of the Guru.	ਗੁਰੂ ਦੀ ਮਤਿ ਲੈ ਕੇ ਤੇ ਗੁਰੂ ਦੇ ਸੁਭਾਉ ਵਿਚ (ਆਪਣਾ ਸੁਭਾਉ ਲੀਨ ਕਰ ਕੇ) ਜੀਵ-ਆਤਮਾ ਦਾ ਪ੍ਰਕਾਸ਼ ਕਰਨ ਵਾਲੇ (ਹਰੀ) ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ।
3491	87	ਆਤਮੇ ਨੋ ਆਤਮੇ ਦੀ ਪ੍ਰਤੀਤਿ ਹੋਇ ਤਾ ਘਰ ਹੀ ਪਰਚਾ ਪਾਇ॥		Aathamae No Aathamae Dhee Pratheeth Hoe Thaa Ghar Hee Parachaa Paae ||	If the individual soul has faith in the Supreme Soul, then it shall obtain realization within its own home.	(ਇਸ ਤਰ੍ਹਾਂ) ਜਦੋਂ ਜੀਵ ਨੂੰ ਪ੍ਰਭੂ (ਦੀ ਹੋਂਦ ਤੇ) ਸਿਦਕ ਬੱਝ ਜਾਵੇ, ਤਾਂ ਹਿਰਦੇ ਵਿਚ ਹੀ (ਪ੍ਰਭੂ ਨਾਲ) ਪਿਆਰ ਬਣ ਜਾਂਦਾ ਹੈ (ਤੇ ਤੀਰਥ ਆਦਿਕਾਂ ਤੇ ਜਾਣ ਦੀ ਲੋੜ ਨਹੀਂ ਰਹਿੰਦੀ),

3492	87	ਆਤਮਾ ਅਡੋਲੁ ਨ ਡੋਲਈ ਗੁਰ ਕੈ ਭਾਇ ਸੁਭਾਇ॥		Aathamaa Addol N Ddolee Gur Kai Bhaae Subhaae ||	The soul becomes steady, and does not waver, by the natural inclination of the Guru's Loving Will.	ਕਿਉਂਕਿ ਸਤਿਗੁਰੂ ਦੇ ਪਿਆਰ ਵਿਚ ਤੇ ਸੁਭਾਉ ਵਿਚ (ਵਰਤਿਆਂ) ਜੀਵਾਤਮਾ (ਮਾਇਆਂ ਵਲੋਂ) ਅਹਿੱਲ ਹੋ ਕੇ ਡੋਲਣੋਂ ਹਟ ਜਾਂਦਾ ਹੈ।
3493	87	ਗੁਰ ਵਿਣੁ ਸਹਜੁ ਨ ਆਵਈ ਲੋਭੁ ਮੈਲੁ ਨ ਵਿਚਹੁ ਜਾਇ॥		Gur Vin Sehaj N Aavee Lobh Mail N Vichahu Jaae ||	Without the Guru, intuitive wisdom does not come, and the filth of greed does not depart from within.	ਸਤਿਗੁਰੂ ਤੋਂ ਬਿਨਾ ਅਡੋਲ ਅਵਸਥਾ ਨਹੀਂ ਆਉਂਦੀ, ਤੇ ਨਾਹ ਹੀ ਮਨ ਵਿਚੋਂ ਲੋਭ-ਮੈਲ ਦੂਰ ਹੁੰਦੀ ਹੈ।
3494	87	ਖਿਨੁ ਪਲੁ ਹਰਿ ਨਾਮੁ ਮਨਿ ਵਸੈ ਸਭ ਅਠਸਠਿ ਤੀਰਥ ਨਾਇ॥	ਨ੍ਹਾਇ	Khin Pal Har Naam Man Vasai Sabh Athasath Theerathh Naae ||	If the Lord's Name abides within the mind, for a moment, even for an instant, it is like bathing at all the sixty-eight sacred shrines of pilgrimage.	ਜੇ ਇਕ ਪਲਕ ਭਰ ਭੀ ਪ੍ਰਭੂ ਦਾ ਨਾਮ ਮਨ ਵਿਚ ਵੱਸ ਜਾਏ (ਭਾਵ, ਜੇ ਜੀਵ ਇਕ ਮਨ ਇਕ ਪਲਕ ਭਰ ਭੀ ਨਾਮ ਜਪ ਸਕੇ) ਤਾਂ, ਮਾਨੋ, ਅਠਾਹਠ ਤੀਰਥਾਂ ਦਾ ਇਸ਼ਨਾਨ ਕਰ ਲੈਂਦਾ ਹੈ,
3495	87	ਸਚੇ ਮੈਲੁ ਨ ਲਗਈ ਮਲੁ ਲਾਗੈ ਦੂਜੈ ਭਾਇ॥		Sachae Mail N Lagee Mal Laagai Dhoojai Bhaae ||	Filth does not stick to those who are true, but filth attaches itself to those who love duality.	(ਕਿਉਂਕਿ) ਸੱਚੇ ਵਿਚ ਜੁੜੇ ਹੋਏ ਨੂੰ ਮੈਲ ਨਹੀਂ ਲਗਦੀ, ਮੈਲ (ਸਦਾ) ਮਾਇਆ ਦੇ ਪਿਆਰ ਵਿਚ ਲੱਗਦੀ ਹੈ,
3496	87	ਧੋਤੀ ਮੂਲਿ ਨ ਉਤਰੈ ਜੇ ਅਠਸਠਿ ਤੀਰਥ ਨਾਇ॥	ਨ੍ਹਾਇ	Dhhothee Mool N Outharai Jae Athasath Theerathh Naae ||	This filth cannot be washed off, even by bathing at the sixty-eight sacred shrines of pilgrimage.	ਤੇ ਉਹ ਮੈਲ ਕਦੇ ਭੀ ਧੋਤਿਆਂ ਨਹੀਂ ਉਤਰਦੀ, ਭਾਵੇਂ ਅਠਾਹਠ ਤੀਰਥਾਂ ਦੇ ਇਸ਼ਨਾਨ ਪਏ ਕਰੀਏ।

3497	87	ਮਨਮੁਖ ਕਰਮ ਕਰੇ ਅਹੰਕਾਰੀ ਸਭੁ ਦੁਖੋ ਦੁਖੁ ਕਮਾਇ॥	ਅਹੰ-ਕਾਰੀ	Manamukh Karam Karae Ahankaaree Sabh Dhukho Dhukh Kamaae ||	The self-willed manmukh does deeds in egotism; he earns only pain and more pain.	(ਕਾਰਨ ਇਹ ਹੁੰਦਾ ਹੈ ਕਿ) ਮਨੁੱਖ (ਗੁਰੂ ਵਲੋਂ) ਮਨਮੁਖ (ਹੋ ਕੇ) ਅਹੰਕਾਰ ਦੇ ਆਸਰੇ (ਤੀਰਥ-ਇਸ਼ਨਾਨ ਆਦਿਕ) ਕਰਮ ਕਰਦਾ ਹੈ, ਤੇ ਦੁੱਖ ਹੀ ਦੁੱਖ ਸਹੇੜਦਾ ਹੈ।
3498	87	ਨਾਨਕ ਮੈਲਾ ਊਜਲੁ ਤਾ ਥੀਐ ਜਾ ਸਤਿਗੁਰ ਮਾਹਿ ਸਮਾਇ॥੧॥		Naanak Mailaa Oojal Thaa Thheeai Jaa Sathigur Maahi Samaae ||1||	O Nanak, the filthy ones become clean only when they meet and surrender to the True Guru. ||1||	ਹੇ ਨਾਨਕ! ਮੈਲਾ (ਮਨ) ਤਦੋਂ ਹੀ ਪਵਿਤ੍ਰ ਹੁੰਦਾ ਹੈ, ਜੇ (ਜੀਵ) ਸਤਿਗੁਰੂ ਵਿਚ ਲੀਨ ਹੋ ਜਾਵੇ (ਭਾਵ, ਆਪਾ-ਭਾਵ ਮਿਟਾ ਦੇਵੇ) ॥੧॥
3499	87	ਮਃ ੩॥		Ma 3 ||	Third Mehl:	
3500	87	ਮਨਮੁਖੁ ਲੋਕੁ ਸਮਝਾਈਐ ਕਦਹੁ ਸਮਝਾਇਆ ਜਾਇ॥		Manamukh Lok Samajhaaeeai Kadhahu Samajhaaeiaa Jaae ||	The self-willed manmukhs may be taught, but how can they really be taught?	ਜੋ ਮਨੁੱਖ ਸਤਿਗੁਰੂ ਵਲੋਂ ਮੁਖ ਮੋੜੀ ਬੈਠਾ ਹੈ, ਉਹ ਸਮਝਾਇਆਂ ਭੀ ਕਦੇ ਨਹੀਂ ਸਮਝਦਾ।
3501	87	ਮਨਮੁਖੁ ਰਲਾਇਆ ਨਾ ਰਲੈ ਪਇਐ ਕਿਰਤਿ ਫਿਰਾਇ॥		Manamukh Ralaaeiaa Naa Ralai Paeiai Kirath Firaae ||	The manmukhs do not fit in at all. Because of their past actions, they are condemned to the cycle of reincarnation.	ਜੇ ਉਸ ਨੂੰ (ਗੁਰਮੁਖਾਂ ਦੇ ਵਿਚ) ਰਲਾ ਭੀ ਦੇਵੀਏ, ਤਾਂ ਭੀ (ਸੁਭਾਵ ਕਰਕੇ) ਉਹਨਾਂ ਨਾਲ ਨਹੀਂ ਰਲਦਾ ਤੇ (ਪਿਛਲੇ ਕੀਤੇ) ਸਿਰ ਪਏ ਕਰਮਾਂ ਅਨੁਸਾਰ ਭਟਕਦਾ ਫਿਰਦਾ ਹੈ।

3502	87	ਲਿਵ ਧਾਤੁ ਦੁਇ ਰਾਹ ਹੈ ਹੁਕਮੀ ਕਾਰ ਕਮਾਇ॥		Liv Dhhaath Dhue Raah Hai Hukamee Kaar Kamaae ||	Loving attention to the Lord and attachment to Maya are the two separate ways; all act according to the Hukam of the Lord's Command.	(ਉਸ ਵਿਚਾਰੇ ਉਤੇ ਭੀ ਕੀਹ ਰੋਸ? (ਸੰਸਾਰ ਵਿਚ) ਰਸਤੇ ਹੀ ਦੋ ਹਨ (ਹਰੀ ਨਾਲ) ਪਿਆਰ ਤੇ (ਮਾਇਆ ਨਾਲ) ਪਿਆਰ; (ਤੇ ਮਨਮੁਖ) ਪ੍ਰਭੂ ਦੇ ਹੁਕਮ ਵਿਚ (ਹੀ) (ਮਾਇਆ ਵਾਲੀ) ਕਾਰ ਪਿਆ ਕਰਦਾ ਹੈ।
3503	87	ਗੁਰਮੁਖਿ ਆਪਣਾ ਮਨੁ ਮਾਰਿਆ ਸਬਦਿ ਕਸਵਟੀ ਲਾਇ॥	ਕਸਵੱਟੀ	Guramukh Aapanaa Man Maariaa Sabadh Kasavattee Laae ||	The Gurmukh has conquered his own mind, by applying the Touchstone of the Shabad.	(ਦੂਜੇ ਪਾਸੇ, ਹੁਕਮ ਵਿਚ ਹੀ) ਗੁਰਮੁਖ ਮਨੁੱਖ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਕਸਵੱਟੀ ਲਾ ਕੇ (ਭਾਵ, ਪਰਖ ਕਰ ਕੇ) ਆਪਣੇ ਮਨ ਨੂੰ ਮਾਰ ਲੈਂਦਾ ਹੈ (ਭਾਵ, ਮਾਇਆ ਦੇ ਪਿਆਰ ਵਲੋਂ ਰੋਕ ਲੈਂਦਾ ਹੈ)।
3504	87	ਮਨ ਹੀ ਨਾਲਿ ਝਗੜਾ ਮਨ ਹੀ ਨਾਲਿ ਸਥ ਮਨ ਹੀ ਮੰਝਿ ਸਮਾਇ॥	ਸੱਥ	Man Hee Naal Jhagarraa Man Hee Naal Sathh Man Hee Manjh Samaae ||	He fights with his mind, he settles with his mind, and he is at peace with his mind.	ਉਹ ਸਦਾ ਮਨ (ਦੀ ਵਿਕਾਰ-ਬਿਰਤੀ) ਨਾਲ ਝਗੜਾ ਕਰਦਾ ਹੈ, ਤੇ ਸੱਥ ਕਰਦਾ ਹੈ (ਭਾਵ, ਉਸ ਨੂੰ ਸਮਝਾਉਂਦਾ ਹੈ, ਤੇ ਅੰਤ ਇਸ ਵਿਕਾਰ-ਬਿਰਤੀ ਨੂੰ) ਮਨ (ਦੀ ਸ਼ੁਭ-ਬਿਰਤੀ) ਵਿਚ ਲੀਨ ਕਰ ਦੇਂਦਾ ਹੈ।
3505	87	ਮਨੁ ਜੋ ਇਛੇ ਸੋ ਲਹੈ ਸਚੈ ਸਬਦਿ ਸੁਭਾਇ॥		Man Jo Eishhae So Lehai Sachai Sabadh Subhaae ||	All obtain the desires of their minds, through the Love of the True Word of the Shabad.	(ਇਸ ਤਰ੍ਹਾਂ ਸਤਿਗੁਰੂ ਦੇ) ਸੁਭਾਉ ਵਿਚ (ਆਪਾ ਲੀਨ ਕਰਨ ਵਾਲਾ) ਮਨ ਜੋ ਇੱਛਾ ਕਰਦਾ ਹੈ ਸੋ ਲੈਂਦਾ ਹੈ।

3506	87	ਅੰਮ੍ਰਿਤ ਨਾਮੁ ਸਦ ਭੁੰਚੀਐ ਗੁਰਮੁਖਿ ਕਾਰ ਕਮਾਇ॥		Anmrith Naam Sadh Bhuncheeai Guramukh Kaar Kamaae ||	They drink in the Ambrosial Nectar of the Naam forever; this is how the Gurmukhs act.	(ਹੇ ਭਾਈ!) ਗੁਰਮੁਖਾਂ ਵਾਲੀ ਕਾਰ ਕਰ ਕੇ ਸਦਾ ਨਾਮ-ਅੰਮ੍ਰਿਤ ਪੀਵੀਏ।
3507	87	ਵਿਣੁ ਮਨੈ ਜਿ ਹੋਰੀ ਨਾਲਿ ਲੁਝਣਾ ਜਾਸੀ ਜਨਮੁ ਗਵਾਇ॥	ਮਨੈ: ਪੋਲਾ ਬੋਲੋ। ਲੁੱਝਣਾ	Vin Manai J Horee Naal Lujhanaa Jaasee Janam Gavaae ||	Those who struggle with something other than their own mind, shall depart having wasted their lives.	ਮਨ ਨੂੰ ਛੱਡ ਕੇ ਜੋ ਜੀਵ (ਸਰੀਰ ਆਦਿਕ) ਹੋਰ ਨਾਲ ਝਗੜਾ ਪਾਂਦਾ ਹੈ, ਉਹ ਜਨਮ ਬਿਰਥਾ ਗਵਾਂਦਾ ਹੈ।
3508	87	ਮਨਮੁਖੀ ਮਨ ਹਠਿ ਹਾਰਿਆ ਕੂੜੁ ਕੁਸਤੁ ਕਮਾਇ॥	ਹਠ: ਪੋਲਾ ਬੋਲੋ। ਕੁ-ਸੱਤੁ	Manamukhee Manehath Haariaa Koorr Kusath Kamaae ||	The self-willed manmukhs, through stubborn-mindedness and the practice of falsehood, lose the game of life.	ਮਨਮੁਖ ਮਨ ਦੇ ਹਠ ਵਿਚ (ਬਾਜ਼ੀ) ਹਾਰ ਜਾਂਦਾ ਹੈ, ਤੇ ਕੂੜ-ਕੁਸੱਤ (ਦੀ ਕਮਾਈ) ਕਰਦਾ ਹੈ।
3509	87	ਗੁਰ ਪਰਸਾਦੀ ਮਨੁ ਜਿਣੈ ਹਰਿ ਸੇਤੀ ਲਿਵ ਲਾਇ॥		Gur Parasaadhee Man Jinai Har Saethee Liv Laae ||	Those who conquer their own mind, by Guru's Grace, lovingly focus their attention on the Lord.	ਗੁਰਮੁਖ ਸਤਿਗੁਰੂ ਦੀ ਕਿਰਪਾ ਨਾਲ ਮਨ ਨੂੰ ਜਿੱਤਦਾ ਹੈ, ਪ੍ਰਭੂ ਨਾਲ ਪਿਆਰ ਜੋੜਦਾ ਹੈ-

3510	87	ਨਾਨਕ ਗੁਰਮੁਖਿ ਸਚੁ ਕਮਾਵੈ ਮਨਮੁਖਿ ਆਵੈ ਜਾਇ॥੨॥		Naanak Guramukh Sach Kamaavai Manamukh Aavai Jaae ||2||	O Nanak, the Gurmukhs practice Truth, while the self-willed manmukhs continue coming and going in reincarnation. ||2||	ਤੇ ਹੇ ਨਾਨਕ! ਗੁਰਮੁਖ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦਾ ਹੈ। (ਪਰ) ਮਨਮੁਖ ਭਟਕਦਾ ਫਿਰਦਾ ਹੈ ॥੨॥
3511	87	ਪਉੜੀ॥		Pourree ||	Pauree:	
3512	87	ਹਰਿ ਕੇ ਸੰਤ ਸੁਣਹੁ ਜਨ ਭਾਈ ਹਰਿ ਸਤਿਗੁਰ ਕੀ ਇਕ ਸਾਖੀ॥		Har Kae Santh Sunahu Jan Bhaaee Har Sathigur Kee Eik Saakhee ||	O Saints of the Lord, O Siblings of Destiny, listen, and hear the Lord's Teachings, through the True Guru.	ਹੇ ਹਰੀ ਦੇ ਸੰਤ ਜਨ ਪਿਆਰਿਓ! ਆਪਣੇ ਸਤਿਗੁਰੂ ਦੀ ਸਿੱਖਿਆ ਸੁਣੋ (ਭਾਵ, ਸਿੱਖਿਆ ਤੇ ਤੁਰੋ)।
3513	87	ਜਿਸੁ ਧੁਰਿ ਭਾਗੁ ਹੋਵੈ ਮੁਖਿ ਮਸਤਕਿ ਤਿਨਿ ਜਨਿ ਲੈ ਹਿਰਦੈ ਰਾਖੀ॥		Jis Dhhur Bhaag Hovai Mukh Masathak Thin Jan Lai Hiradhai Raakhee ||	Those who have good destiny pre-ordained and inscribed on their foreheads, grasp it and keep it enshrined in the heart.	ਇਸ ਸਿੱਖਿਆ ਨੂੰ ਮਨੁੱਖ ਨੇ ਹਿਰਦੇ ਵਿਚ ਪਰੋ ਰੱਖਿਆ ਹੈ, ਜਿਸ ਦੇ ਮੱਥੇ ਉਤੇ ਧੁਰੋਂ ਹੀ ਭਾਗ ਹੋਵੇ।

3514	87	ਹਰਿ ਅੰਮ੍ਰਿਤ ਕਥਾ ਸਰੇਸਟ ਊਤਮ ਗੁਰ ਬਚਨੀ ਸਹਜੇ ਚਾਖੀ॥	ਚੱਾਖੀ	Har Anmrith Kathhaa Saraesatt Ootham Gur Bachanee Sehajae Chaakhee ||	Through the Guru's Teachings, they intuitively taste the sublime, exquisite and ambrosial sermon of the Lord.	ਸਤਿਗੁਰੂ ਦੀ ਸਿੱਖਿਆ ਦੁਆਰਾ ਹੀ ਅਡੋਲ ਅਵਸਥਾ ਵਿਚ ਪਹੁੰਚ ਕੇ ਪ੍ਰਭੂ ਦੀ ਉੱਤਮ ਪਵਿਤਰ ਤੇ ਜੀਵਨ-ਕਣੀ ਬਖ਼ਸ਼ਣ ਵਾਲੀ ਸਿਫ਼ਤ-ਸਾਲਾਹ ਦਾ ਆਨੰਦ ਲਿਆ ਜਾ ਸਕਦਾ ਹੈ।
3515	87	ਤਹ ਭਇਆ ਪ੍ਰਗਾਸੁ ਮਿਟਿਆ ਅੰਧਿਆਰਾ ਜਿਉ ਸੂਰਜ ਰੈਣਿ ਕਿਰਾਖੀ॥	(ਕਿਰਾਖੀ) ਕੱਟੀ	Theh Bhaeiaa Pragaas Mittiaa Andhhiaaraa Jio Sooraj Rain Kiraakhee ||	The Divine Light shines in their hearts, and like the sun which removes the darkness of night, it dispels the darkness of ignorance.	(ਸਤਿਗੁਰੂ ਦੀ ਸਿੱਖਿਆ ਨੂੰ ਜੇਹੜਾ ਹਿਰਦਾ ਇਕ ਵਾਰੀ ਧਾਰਨ ਕਰਦਾ ਹੈ) ਉਸ ਵਿਚ (ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ ਤੇ (ਮਾਇਆ ਦਾ) ਹਨੇਰਾ ਇਉਂ ਦੂਰ ਹੁੰਦਾ ਹੈ ਜਿਵੇਂ ਸੂਰਜ ਰਾਤ (ਦੇ ਹਨੇਰੇ) ਨੂੰ ਖਿੱਚ ਲੈਂਦਾ ਹੈ।
3516	87	ਅਦਿਸਟੁ ਅਗੋਚਰੁ ਅਲਖੁ ਨਿਰੰਜਨੁ ਸੋ ਦੇਖਿਆ ਗੁਰਮੁਖਿ ਆਖੀ॥੧੨॥	ਅ-ਦਿਸਟੁ, ਅ-ਗੋਚਰੁ, ਅ-ਲਖ: ਪੋਲੇ ਬੋਲੋ।ਆਖੀਂ।	Adhisatt Agochar Alakh Niranjan So Dhaekhiaa Guramukh Aakhee ||12||	As Gurmukh, they behold with their eyes the Unseen, Imperceptible, Unknowable, Immaculate Lord. ||12||	ਜੋ ਪ੍ਰਭੂ (ਇਹਨਾਂ ਅੱਖਾਂ ਨਾਲ) ਨਹੀਂ ਦਿੱਸਦਾ, ਇੰਦ੍ਰਿਆਂ ਦੇ ਵਿਸ਼ੇ ਤੋਂ ਪਰੇ ਹੈ ਤੇ ਅਲੱਖ ਹੈ ਉਹ ਸਤਿਗੁਰੂ ਦੇ ਸਨਮੁਖ ਹੋਣ ਕਰਕੇ ਅੱਖੀਂ ਦਿੱਸ ਪੈਂਦਾ ਹੈ ॥੧੨॥
3517	87	ਸਲੋਕੁ ਮਃ੩॥		Salok Ma 3 ||	Shalok, Third Mehl:	

3518	88	ਸਤਿਗੁਰੁ ਸੇਵੇ ਆਪਣਾ ਸੋ ਸਿਰੁ ਲੇਖੈ ਲਾਇ॥		Sathigur Saevae Aapanaa So Sir Laekhai Laae ||	Those who serve their True Guru are certified and accepted.	ਜਿਹੜਾ ਮਨੁੱਖ ਆਪਣੇ ਸਤਿਗੁਰੂ ਦੀ ਦੱਸੀ ਸੇਵਾ ਕਰਦਾ ਹੈ, ਉਹ ਮਨੁੱਖ ਆਪਣਾ ਸਿਰ (ਭਾਵ, ਮਨੁੱਖਾ ਜਨਮ) ਸਫਲਾ ਕਰ ਲੈਂਦਾ ਹੈ।
3519	88	ਵਿਚਹੁ ਆਪੁ ਗਵਾਇ ਕੈ ਰਹਨਿ ਸਚਿ ਲਿਵ ਲਾਇ॥	ਰਹ-ਨਿ	Vichahu Aap Gavaae Kai Rehan Sach Liv Laae ||	They eradicate selfishness and conceit from within; they remain lovingly absorbed in the True One.	ਅਜੇਹੇ ਮਨੁੱਖ ਹਿਰਦੇ ਵਿਚੋਂ ਅਹੰਕਾਰ ਦੂਰ ਕਰ ਕੇ ਸੱਚੇ ਨਾਮ ਵਿਚ ਬਿਰਤੀ ਜੋੜੀ ਰੱਖਦੇ ਹਨ।
3520	88	ਸਤਿਗੁਰੁ ਜਿਨੀ ਨ ਸੇਵਿਓ ਤਿਨਾ ਬਿਰਥਾ ਜਨਮੁ ਗਵਾਇ॥		Sathigur Jinee N Saeviou Thinaa Birathhaa Janam Gavaae ||	Those who do not serve the True Guru waste away their lives in vain.	ਜਿਨ੍ਹਾਂ ਸਤਿਗੁਰੂ ਦੀ ਦੱਸੀ ਸੇਵਾ ਨਹੀਂ ਕੀਤੀ, ਉਹਨਾਂ ਮਨੁੱਖਾ ਜੀਵਨ ਵਿਅਰਥ ਗਵਾ ਲਿਆ ਹੈ।
3521	88	ਨਾਨਕ ਜੋ ਤਿਸੁ ਭਾਵੈ ਸੋ ਕਰੇ ਕਹਣਾ ਕਿਛੂ ਨ ਜਾਇ॥੧॥	ਕਹ-ਣਾ	Naanak Jo This Bhaavai So Karae Kehanaa Kishhoo N Jaae ||1||	O Nanak, the Lord does just as He pleases. No one has any say in this. ||1||	(ਪਰ) ਹੇ ਨਾਨਕ! (ਕਿਸੇ ਨੂੰ) ਕੁਝ (ਚੰਗਾ ਮੰਦਾ) ਆਖਿਆ ਨਹੀਂ ਜਾ ਸਕਦਾ (ਕਿਉਂਕਿ) ਜੋ ਉਸ ਪ੍ਰਭੂ ਨੂੰ ਚੰਗਾ ਲੱਗਦਾ ਹੈ, ਆਪ ਕਰਦਾ ਹੈ ॥੧॥
3522	88	ਮਃ ੩॥		Ma 3 ||	Third Mehl:	
3523	88	ਮਨੁ ਵੇਕਾਰੀ ਵੇੜਿਆ ਵੇਕਾਰਾ ਕਰਮ ਕਮਾਇ॥		Man Vaekaaree Vaerriaa Vaekaaraa Karam Kamaae ||	With the mind encircled by wickedness and evil, people do evil deeds.	(ਇਹ ਕੁਦਰਤਿ ਦਾ ਤਰੀਕਾ ਹੈ ਕਿ) ਵਿਕਾਰਾਂ ਵਿਚ ਫਸਿਆ ਹੋਇਆ ਮਨ ਵਿਕਾਰਾਂ ਵਾਲੇ ਕਰਮ (ਹੀ) ਕਰਦਾ ਹੈ।

3524	88	ਦੂਜੈ ਭਾਇ ਅਗਿਆਨੀ ਪੂਜਦੇ ਦਰਗਹ ਮਿਲੈ ਸਜਾਇ॥		Dhoojai Bhaae Agiaanee Poojadhae Dharageh Milai Sajaae ||	The ignorant worship the love of duality; in the Lord's Court they shall be punished.	(ਇਸ ਵਾਸਤੇ) ਮਾਇਆ ਦੇ ਪਿਆਰ ਵਿਚ (ਫਸੇ ਰਹਿ ਕੇ) ਜੋ ਮਨੁੱਖ ਪੂਜਾ ਕਰਦੇ ਹਨ, (ਇਸ ਪੂਜਾ ਦਾ ਉਹਨਾਂ ਨੂੰ ਕੁਝ ਲਾਭ ਨਹੀਂ ਹੁੰਦਾ) ਦਰਗਾਹ ਵਿਚ ਸਜ਼ਾ (ਹੀ) ਮਿਲਦੀ ਹੈ।
3525	88	ਆਤਮ ਦੇਉ ਪੂਜੀਐ ਬਿਨੁ ਸਤਿਗੁਰ ਬੂਝ ਨ ਪਾਇ॥		Aatham Dhaeo Poojeeai Bin Sathigur Boojh N Paae ||	So worship the Lord, the Light of the soul; without the True Guru, understanding is not obtained.	ਆਤਮਾ ਨੂੰ ਚਾਨਣ ਬਖ਼ਸ਼ਣ ਵਾਲੇ ਪ੍ਰਭੂ ਦੀ ਹੀ ਪੂਜਾ ਕਰਨੀ ਚਾਹੀਦੀ ਹੈ, (ਪਰ) ਸਤਿਗੁਰੂ ਤੋਂ ਬਿਨਾ ਸਮਝ ਨਹੀਂ ਪੈਂਦੀ।
3526	88	ਜਪੁ ਤਪੁ ਸੰਜਮੁ ਭਾਣਾ ਸਤਿਗੁਰੂ ਕਾ ਕਰਮੀ ਪਲੈ ਪਾਇ॥		Jap Thap Sanjam Bhaanaa Sathiguroo Kaa Karamee Palai Paae ||	Meditation, penance and austere self-discipline are found by surrendering to the True Guru's Will. By His Grace this is received.	ਸਤਿਗੁਰੂ ਦਾ ਭਾਣਾ (ਮੰਨਣਾ)- ਇਹੀ ਜਪੁ ਤਪੁ ਤੇ ਸੰਜਮ ਹੈ, ਪ੍ਰਭੂ ਮਿਹਰ ਕਰੇ ਤਾਂ ਇਹ (ਭਾਣਾ ਮੰਨਣ ਦੀ ਸਮਰੱਥਾ) ਪ੍ਰਾਪਤ ਹੁੰਦੀ ਹੈ।
3527	88	ਨਾਨਕ ਸੇਵਾ ਸੁਰਤਿ ਕਮਾਵਣੀ ਜੋ ਹਰਿ ਭਾਵੈ ਸੋ ਥਾਇ ਪਾਇ॥੨॥		Naanak Saevaa Surath Kamaavanee Jo Har Bhaavai So Thhaae Paae ||2||	O Nanak, serve with this intuitive awareness; only that which is pleasing to the Lord is approved. ||2||	ਹੇ ਨਾਨਕ! (ਉਂਞ ਤਾਂ) ਜੋ ਸੇਵਾ ਹਰੀ ਨੂੰ ਚੰਗੀ ਲੱਗੇ ਉਹੀ ਪਰਵਾਨ ਹੁੰਦੀ ਹੈ, (ਪਰ) ਸੇਵਾ ਭੀ ਸੁਰਤ ਦੁਆਰਾ ਹੀ (ਭਾਵ, ਸੁਰਤ ਨੂੰ ਸਤਿਗੁਰੂ ਦੇ ਭਾਣੇ ਵਿਚ ਟਿਕਾ ਕੇ ਹੀ) ਕੀਤੀ ਜਾ ਸਕਦੀ ਹੈ ॥੨॥
3528	88	ਪਉੜੀ॥		Pourree ||	Pauree:	

3529	88	ਹਰਿ ਹਰਿ ਨਾਮੁ ਜਪਹੁ ਮਨ ਮੇਰੇ ਜਿਤੁ ਸਦਾ ਸੁਖੁ ਹੋਵੈ ਦਿਨੁ ਰਾਤੀ॥		Har Har Naam Japahu Man Maerae Jith Sadhaa Sukh Hovai Dhin Raathee ||	Chant the Name of the Lord, Har, Har, O my mind; it will bring you eternal peace, day and night.	ਹੇ ਮਰੇ ਮਨ! ਹਰੀ-ਨਾਮ ਦਾ ਸਿਮਰਨ ਕਰ, ਜਿਸ ਤੋਂ ਰਾਤ ਦਿਨ ਸਦਾ ਦੁਖ ਹੋਵੇ।
3530	88	ਹਰਿ ਹਰਿ ਨਾਮੁ ਜਪਹੁ ਮਨ ਮੇਰੇ ਜਿਤੁ ਸਿਮਰਤ ਸਭਿ ਕਿਲਵਿਖ ਪਾਪ ਲਹਾਤੀ॥		Har Har Naam Japahu Man Maerae Jith Simarath Sabh Kilavikh Paap Lehaathee ||	Chant the Name of the Lord, Har, Har, O my mind; meditating on it, all sins and misdeeds shall be erased.	ਹੇ ਮੇਰੇ ਮਨ! ਹਰੀ ਨਾਮ ਦਾ ਸਿਮਰਨ ਕਰਕੇ ਸਭ ਪਾਪ ਦੂਰ ਹੋ ਜਾਂਦੇ ਹਨ।
3531	88	ਹਰਿ ਹਰਿ ਨਾਮੁ ਜਪਹੁ ਮਨ ਮੇਰੇ ਜਿਤੁ ਦਾਲਦੁ ਦੁਖ ਭੁਖ ਸਭ ਲਹਿ ਜਾਤੀ॥		Har Har Naam Japahu Man Maerae Jith Dhaaladh Dhukh Bhukh Sabh Lehi Jaathee ||	Chant the Name of the Lord, Har, Har, O my mind; through it, all poverty, pain and hunger shall be removed.	ਹੇ ਮੇਰੇ ਮਨ! ਹਰੀ ਨਾਮ ਦਾ ਸਿਮਰਨ ਕਰ, ਜਿਸ ਨਾਲ ਸਭ ਦਰਿਦ੍ਰ ਦੁੱਖ ਤੇ ਭੁੱਖਾਂ ਲਹਿ ਜਾਣ।
3532	88	ਹਰਿ ਹਰਿ ਨਾਮੁ ਜਪਹੁ ਮਨ ਮੇਰੇ ਮੁਖਿ ਗੁਰਮੁਖਿ ਪ੍ਰੀਤਿ ਲਗਾਤੀ॥		Har Har Naam Japahu Man Maerae Mukh Guramukh Preeth Lagaathee ||	Chant the Name of the Lord, Har, Har, O my mind; as Gurmukh, declare your love.	ਹੇ ਮੇਰੇ ਮਨ! ਹਰੀ ਨਾਮ ਦਾ ਸਿਮਰਨ ਕਰ, (ਜਿਸ ਕਰਕੇ) ਸਤਿਗੁਰੂ ਦੇ ਸਨਮੁਖ ਰਹਿ ਕੇ (ਤੇਰੇ ਅੰਦਰ) ਉੱਤਮ ਪ੍ਰੀਤਿ (ਭਾਵ, ਹਰੀ ਨਾਮ ਦੀ ਪ੍ਰੀਤਿ) ਬਣ ਜਾਏ।

3533	88	ਜਿਤੁ ਮੁਖਿ ਭਾਗੁ ਲਿਖਿਆ ਧੁਰਿ ਸਾਚੈ ਹਰਿ ਤਿਤੁ ਮੁਖਿ ਨਾਮੁ ਜਪਾਤੀ॥੧੩॥		Jith Mukh Bhaag Likhiaa Dhhur Saachai Har Thith Mukh Naam Japaathee ||13||	One who has such pre-ordained destiny inscribed upon his forehead by the True Lord, chants the Naam, the Name of the Lord. ||13||	ਧੁਰ ਸੱਚੀ ਦਰਗਾਹ ਤੋਂ ਜਿਸ ਮੂੰਹ ਤੇ ਭਾਗ ਲਿਖਿਆ ਹੋਵੇ, ਪ੍ਰਭੂ ਉਸ ਮੂੰਹ ਤੋਂ (ਹੀ) ਆਪਣੇ ਨਾਮ ਦਾ ਸਿਮਰਨ ਕਰਾਉਂਦਾ ਹੈ ॥੧੩॥
3534	88	ਸਲੋਕ ਮਃ ੩॥		Salok Ma 3 ||	Shalok, Third Mehl:	
3535	88	ਸਤਿਗੁਰੁ ਜਿਨੀ ਨ ਸੇਵਿਓ ਸਬਦਿ ਨ ਕੀਤੋ ਵੀਚਾਰੁ॥		Sathigur Jinee N Saeviou Sabadh N Keetho Veechaar ||	Those who do not serve the True Guru, and who do not contemplate the Word of the Shabad	(ਮਨੁੱਖਾ ਜਨਮ ਲੱਭ ਕੇ) ਜਿਨ੍ਹਾਂ ਜੀਵਾਂ ਨੇ ਸਤਿਗੁਰੂ ਦੀ ਦੱਸੀ ਸੇਵਾ ਨਹੀਂ ਕੀਤੀ ਤੇ ਸਤਿਗੁਰੂ ਦੇ ਸ਼ਬਦ ਦੀ ਰਾਹੀਂ (ਹਰੀ ਨਾਮ ਦੀ) ਵਿਚਾਰ ਨਹੀਂ ਕੀਤੀ,
3536	88	ਅੰਤਰਿ ਗਿਆਨੁ ਨ ਆਇਓ ਮਿਰਤਕੁ ਹੈ ਸੰਸਾਰਿ॥		Anthar Giaan N Aaeiou Mirathak Hai Sansaar ||	-spiritual wisdom does not enter into their hearts; they are like dead bodies in the world.	(ਤੇ ਇਸ ਤਰ੍ਹਾਂ) ਹਿਰਦੇ ਵਿਚ ਸੱਚਾ ਚਾਨਣ ਨਹੀਂ ਹੋਇਆ, ਉਹ ਜੀਵ ਸੰਸਾਰ ਵਿਚ (ਜੀਊਂਦਾ ਦਿੱਸਦਾ ਭੀ) ਮੋਇਆ ਹੋਇਆ ਹੈ।
3537	88	ਲਖ ਚਉਰਾਸੀਹ ਫੇਰੁ ਪਇਆ ਮਰਿ ਜੰਮੈ ਹੋਇ ਖੁਆਰੁ॥		Lakh Chouraaseeh Faer Paeiaa Mar Janmai Hoe Khuaar ||	They go through the cycle of 8.4 million reincarnations, and they are ruined through death and rebirth.	(ਚੌਰਾਸੀ ਲੱਖ ਜੂਨਾਂ) ਵਿਚ ਉਸ ਨੂੰ ਚੱਕਰ ਕੱਟਣਾ ਪੈਂਦਾ ਹੈ, ਮੁੜ ਮੁੜ ਜੰਮਦਾ ਮਰਦਾ ਤੇ ਖ਼ੁਆਰ ਹੁੰਦਾ ਹੈ।

3538	88	ਸਤਿਗੁਰ ਕੀ ਸੇਵਾ ਸੋ ਕਰੇ ਜਿਸ ਨੋ ਆਪਿ ਕਰਾਏ ਸੋਇ॥		Sathigur Kee Saevaa So Karae Jis No Aap Karaaeae Soe ||	He alone serves the True Guru, whom the Lord Himself inspires to do so.	ਜਿਸ ਜੀਵ ਪਾਸੋਂ ਪ੍ਰਭੂ ਆਪ ਕਰਾਏ, ਉਹੀ ਸਤਿਗੁਰੂ ਦੀ ਦੱਸੀ ਕਾਰ ਕਰ ਸਕਦਾ ਹੈ।
3539	88	ਸਤਿਗੁਰ ਵਿਚਿ ਨਾਮੁ ਨਿਧਾਨੁ ਹੈ ਕਰਮਿ ਪਰਾਪਤਿ ਹੋਇ॥		Sathigur Vich Naam Nidhhaan Hai Karam Paraapath Hoe ||	The Treasure of the Naam is within the True Guru; by His Grace, it is obtained.	ਸਤਿਗੁਰੂ ਦੇ ਪਾਸ 'ਨਾਮ' ਖ਼ਜ਼ਾਨਾ ਹੈ, ਜੋ ਪ੍ਰਭੂ ਦੀ ਮੇਹਰ ਨਾਲ ਪ੍ਰਾਪਤ ਹੁੰਦਾ ਹੈ।
3540	88	ਸਚਿ ਰਤੇ ਗੁਰ ਸਬਦ ਸਿਉ ਤਿਨ ਸਚੀ ਸਦਾ ਲਿਵ ਹੋਇ॥		Sach Rathae Gur Sabadh Sio Thin Sachee Sadhaa Liv Hoe ||	Those who are truly attuned to the Word of the Guru's Shabad- their love is forever True.	ਜੋ ਮਨੁੱਖ ਸਤਿਗੁਰੂ ਦੇ ਸ਼ਬਦ ਦੁਆਰਾ ਸੱਚੇ ਨਾਮ ਵਿਚ ਰੰਗੇ ਹੋਏ ਹਨ, ਉਹਨਾਂ ਦੀ ਬਿਰਤੀ ਸਦਾ ਇਕ ਤਾਰ ਰਹਿੰਦੀ ਹੈ।
3541	88	ਨਾਨਕ ਜਿਸ ਨੋ ਮੇਲੇ ਨ ਵਿਛੁੜੈ ਸਹਜਿ ਸਮਾਵੈ ਸੋਇ॥੧॥		Naanak Jis No Maelae N Vishhurrai Sehaj Samaavai Soe ||1||	O Nanak, those who are united with Him shall not be separated again. They merge imperceptibly into God. ||1||	ਹੇ ਨਾਨਕ! ਜਿਸ ਨੂੰ (ਇਕ ਵਾਰੀ) ਮੇਲ ਲੈਂਦਾ ਹੈ, ਉਹ (ਕਦੇ) ਵਿਛੁੜਦਾ ਨਹੀਂ, ਉਹ ਸਦਾ ਅਡੋਲ ਅਵਸਥਾ ਵਿਚ ਟਿਕਿਆ ਰਹਿੰਦਾ ਹੈ ॥੧॥
3542	88	ਮਃ ੩॥		Ma 3 ||	Third Mehl:	

3543	88	ਸੋ ਭਗਉਤੀ ਜੋ ਭਗਵੰਤੈ ਜਾਣੈ॥	ਜੋ: ਹੋੜੇ ਔਂਕੜ ਦੀ ਵਿਚਕਾਰਲੀ ਅਵਾਜ਼ ਬੋਲੋ।	So Bhagouthee Juo Bhagavanthai Jaanai ||	One who knows the Benevolent Lord God is the true devotee of Bhagaautee.	ਭਗਉਤੀ (ਸੱਚਾ ਭਗਤ) ਉਹ ਹੈ ਜੋ ਪ੍ਰਭੂ ਨੂੰ ਜਾਣਦਾ ਹੈ (ਪ੍ਰਭੂ ਨਾਲ ਡੂੰਘੀ ਸਾਂਝ ਪਾਂਦਾ ਹੈ),
3544	88	ਗੁਰ ਪਰਸਾਦੀ ਆਪੁ ਪਛਾਣੈ॥		Gur Parasaadhee Aap Pashhaanai ||	By Guru's Grace, he is self-realized.	ਤੇ ਸਤਿਗੁਰੂ ਦੀ ਕਿਰਪਾ ਨਾਲ (ਭਾਵ, ਸਤਿਗੁਰੂ ਦੀ ਸਿੱਖਿਆ ਲੈ ਕੇ) ਆਪਣੇ ਆਪ ਨੂੰ ਪਛਾਣਦਾ ਹੈ।
3545	88	ਧਾਵਤੁ ਰਾਖੈ ਇਕਤੁ ਘਰਿ ਆਣੈ॥		Dhhaavath Raakhai Eikath Ghar Aanai ||	He restrains his wandering mind, and brings it back to its own home within the self.	(ਵਾਸ਼ਨਾ ਵਲ) ਦੌੜਦੇ (ਮਨ) ਨੂੰ ਸਾਂਭ ਰੱਖਦਾ ਹੈ, ਤੇ ਇੱਕ ਟਿਕਾਣੇ ਤੇ ਲਿਆਉਂਦਾ ਹੈ,
3546	88	ਜੀਵਤੁ ਮਰੈ ਹਰਿ ਨਾਮੁ ਵਖਾਣੈ॥		Jeevath Marai Har Naam Vakhaanai ||	He remains dead while yet alive, and he chants the Name of the Lord.	ਅਤੇ ਜੀਊਂਦਾ ਹੋਇਆ ਹੀ (ਮਾਇਆ ਵਲੋਂ) ਮਰਦਾ ਹੈ (ਭਾਵ, ਸੰਸਾਰ ਵਿਚ ਵਿਚਰਦਾ ਹੋਇਆ ਹੀ ਮਨ ਨੂੰ ਵਾਸ਼ਨਾ ਵਲੋਂ ਤੋੜੀ ਰੱਖਦਾ ਹੈ ਅਤੇ) ਹਰੀ ਨਾਮ ਜਪਦਾ ਹੈ।
3547	88	ਐਸਾ ਭਗਉਤੀ ਉਤਮੁ ਹੋਇ॥		Aisaa Bhagouthee Outham Hoe ||	Such a Bhagaautee is most exalted.	ਇਹੋ ਜਿਹਾ ਭਗਉਤੀ (ਭਗਤ) ਉੱਤਮ ਹੁੰਦਾ ਹੈ,
3548	88	ਨਾਨਕ ਸਚਿ ਸਮਾਵੈ ਸੋਇ॥੨॥		Naanak Sach Samaavai Soe ||2||	O Nanak, he merges into the True One. ||2||	ਹੇ ਨਾਨਕ! ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਜਾਂਦਾ ਹੈ (ਤੇ ਫਿਰ ਨਹੀਂ ਵਿੱਛੁੜਦਾ ॥੨॥
3549	88	ਮਃ ੩॥		Ma 3 ||	Third Mehl:	

3550	88	ਅੰਤਰਿ ਕਪਟੁ ਭਗਉਤੀ ਕਹਾਏ॥		Anthar Kapatt Bhagouthee Kehaaeae ||	He is full of deceit, and yet he calls himself a devotee of Bhagaautee.	ਜੋ ਮਨੁੱਖ ਹਿਰਦੇ ਵਿਚ ਖੋਟ ਰੱਖੇ (ਪਰ ਆਪਣੇ ਆਪ ਨੂੰ) ਭਗਉਤੀ (ਸੱਚਾ ਭਗਤ) ਅਖਵਾਏ,
3551	88	ਪਾਖੰਡਿ ਪਾਰਬ੍ਰਹਮੁ ਕਦੇ ਨ ਪਾਏ॥		Paakhandd Paarabreham Kadhae N Paaeae ||	Through hypocrisy, he shall never attain the Supreme Lord God.	ਉਹ (ਇਸ) ਪਖੰਡ ਨਾਲ ਪਰਮਾਤਮਾ ਨੂੰ ਨਹੀਂ ਮਿਲ ਸਕਦਾ।
3552	88	ਪਰ ਨਿੰਦਾ ਕਰੇ ਅੰਤਰਿ ਮਲੁ ਲਾਏ॥		Par Nindhaa Karae Anthar Mal Laaeae ||	He slanders others, and pollutes himself with his own filth.	(ਜੀਵ) ਪਰਾਈ ਨਿੰਦਾ ਕਰ ਕੇ ਹਿਰਦੇ ਵਿਚ ਮੈਲ ਲਾਈ ਜਾਵੇ,
3553	88	ਬਾਹਰਿ ਮਲੁ ਧੋਵੈ ਮਨ ਕੀ ਜੂਠਿ ਨ ਜਾਏ॥	ਬਾ-ਹਰਿ: ਹ ਮੁਕਤਾ, ਰ ਸਿਹਾਰੀ ਲਾ ਕੇ	Baahar Mal Dhhovai Man Kee Jooth N Jaaeae ||	Outwardly, he washes off the filth, but the impurity of his mind does not go away.	(ਤੇ) ਬਾਹਰੋਂ (ਸਰੀਰ ਦੀ) ਮੈਲ (ਇਸ਼ਨਾਨ ਆਦਿਕ ਨਾਲ) ਧੋਂਦਾ ਰਹੇ, (ਇਸ ਤਰ੍ਹਾਂ) ਮਨ ਦੀ ਜੂਠ ਦੂਰ ਨਹੀਂ ਹੁੰਦੀ।
3554	88	ਸਤਸੰਗਤਿ ਸਿਉ ਬਾਦੁ ਰਚਾਏ॥		Sathasangath Sio Baadh Rachaaeae ||	He argues with the Sat Sangat, the True Congregation.	ਜੋ ਮਨੁੱਖ ਸਤ ਸੰਗਤਿ ਨਾਲ ਝਗੜਾ ਪਾਈ ਰੱਖਦਾ ਹੈ, (ਭਾਵ, ਜਿਸ ਨੂੰ ਸਤ ਸੰਗ ਨਹੀਂ ਭਾਉਂਦਾ)
3555	88	ਅਨ ਦਿਨੁ ਦੁਖੀਆ ਦੂਜੈ ਭਾਇ ਰਚਾਏ॥		Anadhin Dhukheeaa Dhoojai Bhaae Rachaaeae ||	Night and day, he suffers, engrossed in the love of duality.	ਉਹ ਮਾਇਆ ਦੇ ਪਿਆਰ ਵਿਚ ਰੱਤਾ ਹੋਇਆ ਸਦਾ ਦੁਖੀ ਰਹਿੰਦਾ ਹੈ।

3556	88	ਹਰਿ ਨਾਮੁ ਨ ਚੇਤੈ ਬਹੁ ਕਰਮ ਕਮਾਏ॥		Har Naam N Chaethai Bahu Karam Kamaaeae ||	He does not remember the Name of the Lord, but still, he performs all sorts of empty rituals.	ਹਰੀ ਨਾਮ ਦਾ ਸਿਮਰਨ ਛੱਡ ਕੇ ਹੋਰ ਬਥੇਰੇ ਕਰਮ ਕਾਂਡ ਕਰਦਾ ਰਹੇ.
3557	88	ਪੂਰਬਿ ਲਿਖਿਆ ਸੁ ਮੇਟਣਾ ਨ ਜਾਏ॥		Poorab Likhiaa S Maettanaa N Jaaeae ||	That which is pre-ordained cannot be erased.	(ਇਸ ਤਰ੍ਹਾਂ) ਪਹਿਲਾਂ (ਕੀਤੇ ਕਰਮਾਂ ਦੇ ਚੰਗੇ ਮੰਦੇ ਸੰਸਕਾਰ ਜੋ ਮਨ ਤੇ) ਲਿਖੇ ਗਏ (ਹਨ, ਤੇ ਜਨਮ ਜਨਮ ਵਿਚ ਭਵਾਉਂਦੇ ਫਿਰਦੇ ਹਨ) ਮਿਟ ਨਹੀਂ ਸਕਦੇ।
3558	88	ਨਾਨਕ ਬਿਨੁ ਸਤਿਗੁਰ ਸੇਵੇ ਮੋਖੁ ਨ ਪਾਏ॥੩॥		Naanak Bin Sathigur Saevae Mokh N Paaeae ||3||	O Nanak, without serving the True Guru, liberation is not obtained. ||3||	ਹੇ ਨਾਨਕ! (ਸੱਚ ਤਾਂ ਇਹ ਹੈ ਕਿ) ਸਤਿਗੁਰੂ ਦੀ ਦੱਸੀ ਕਾਰ ਕਰਨ ਤੋਂ ਬਿਨਾ (ਮਾਇਆ ਦੇ ਮੋਹ ਤੋਂ) ਛੁਟਕਾਰਾ ਹੋ ਹੀ ਨਹੀਂ ਸਕਦਾ ॥੩॥
3559	88	ਪਉੜੀ॥		Pourree ||	Pauree:	
3560	88	ਸਤਿਗੁਰੁ ਜਿਨੀ ਧਿਆਇਆ ਸੇ ਕੜਿਨ ਸਵਾਹੀ॥	(ਦੂਜਾ ਪਾਠ: ਕੜਿ ਨ)। (ਕੜਿ-ਨ) ਬੰਨ੍ ਲੈਂਦੇ ਹਨ	Sathigur Jinee Dhhiaaeiaa Sae Karr N Savaahee ||	Those who meditate on the True Guru shall not be burnt to ashes.	ਜਿਨ੍ਹਾਂ ਨੇ ਸਤਿਗੁਰੂ ਦਾ ਧਿਆਨ ਧਰਿਆ ਹੈ, ਉਹ ਨਿੱਤ ਨਵੇਂ ਸੂਰਜ ਦੁਖੀ ਨਹੀਂ ਹੁੰਦੇ,
3561	88	ਸਤਿਗੁਰੁ ਜਿਨੀ ਧਿਆਇਆ ਸੇ ਤ੍ਰਿਪਤਿ ਅਘਾਹੀ॥		Sathigur Jinee Dhhiaaeiaa Sae Thripath Aghaahee ||	Those who meditate on the True Guru are satisfied and fulfilled.	(ਕਿਉਂਕਿ) ਜਿਨ੍ਹਾਂ ਨੇ ਸਤਿਗੁਰੂ ਦਾ ਧਿਆਨ ਧਰਿਆ ਹੈ ਉਹ (ਦੁਨੀਆ ਦੇ ਪਦਾਰਥਾਂ ਵਲੋਂ) ਪੂਰਨ ਤੌਰ ਤੇ ਰੱਜੇ ਰਹਿੰਦੇ ਹਨ।

3562	88	ਸਤਿਗੁਰੁ ਜਿਨੀ ਧਿਆਇਆ ਤਿਨ ਜਮ ਡਰੁ ਨਾਹੀ॥		Sathigur Jinee Dhhiaaeiaa Thin Jam Ddar Naahee ||	Those who meditate on the True Guru are not afraid of the Messenger of Death.	(ਇਸ ਵਾਸਤੇ), ਉਹਨਾਂ ਨੂੰ ਮੌਤ ਦਾ ਭੀ ਡਰ ਨਹੀਂ ਹੁੰਦਾ।
3563	89	ਜਿਨ ਕਉ ਹੋਆ ਕ੍ਰਿਪਾਲੁ ਹਰਿ ਸੇ ਸਤਿਗੁਰ ਪੈਰੀ ਪਾਹੀ॥		Jin Ko Hoaa Kirapaal Har Sae Sathigur Pairee Paahee ||	Those upon whom the Lord showers His Mercy, fall at the Feet of the True Guru.	ਸਤਿਗੁਰੂ ਦੀ ਸਰਨ ਭੀ ਉਹੀ ਲੱਗਦੇ ਹਨ, ਜਿਨ੍ਹਾਂ ਉਤੇ ਹਰੀ ਆਪ ਤੁੱਠਦਾ ਹੈ।
3564	89	ਤਿਨ ਐਥੈ ਓਥੈ ਮੁਖ ਉਜਲੇ ਹਰਿ ਦਰਗਹ ਪੈਧੇ ਜਾਹੀ॥੧੪॥		Thin Aithhai Outhhai Mukh Oujalae Har Dharageh Paidhhae Jaahee ||14||	Here and hereafter, their faces are radiant; they go to the Lord's Court in robes of honor. ||14||	ਉਹ ਦੋਹੀਂ ਜਹਾਨੀਂ ਸੁਰਖ਼ਰੂ ਰਹਿੰਦੇ ਹਨ, ਤੇ ਪ੍ਰਭੂ ਦੀ ਦਰਗਾਹ ਵਿਚ (ਭੀ) ਵਡਿਆਏ ਜਾਂਦੇ ਹਨ ॥੧੪॥
3565	89	ਸਲੋਕ ਮਃ ੨॥		Salok Ma 2 ||	Shalok, Second Mehl:	
3566	89	ਜੋ ਸਿਰੁ ਸਾਂਈ ਨਾ ਨਿਵੈ ਸੋ ਸਿਰੁ ਦੀਜੈ ਡਾਰਿ॥		Jo Sir Saanee Naa Nivai So Sir Dheejai Ddaar ||	Chop off that head which does not bow to the Lord.	ਜੋ ਸਿਰ ਪ੍ਰਭੂ ਦੀ ਯਾਦ ਵਿਚ ਨਾਹ ਝੁਕੇ, ਉਹ ਤਿਆਗ ਦੇਣ-ਜੋਗ ਹੈ (ਭਾਵ, ਉਸ ਦਾ ਕੋਈ ਗੁਣ ਨਹੀਂ)।

3567	89	ਨਾਨਕ ਜਿਸੁ ਪਿੰਜਰ ਮਹਿ ਬਿਰਹਾ ਨਹੀ ਸੋ ਪਿੰਜਰੁ ਲੈ ਜਾਰਿ॥੧॥		Naanak Jis Pinjar Mehi Birehaa Nehee So Pinjar Lai Jaar ||1||	O Nanak, that human body, in which there is no pain of separation from the Lord-take that body and burn it. ||1||	ਹੇ ਨਾਨਕ! ਜਿਸ ਸਰੀਰ ਵਿਚ ਪਿਆਰ ਨਹੀਂ ਉਹ ਸਰੀਰ ਸਾੜ ਦਿਓ (ਭਾਵ, ਉਹ ਭੀ ਵਿਅਰਥ ਹੈ) ॥੧॥
3568	89	ਮਃ ੫॥		Ma 5 ||	Fifth Mehl:	
3569	89	ਮੁੰਢਹੁ ਭੁਲੀ ਨਾਨਕਾ ਫਿਰਿ ਫਿਰਿ ਜਨਮਿ ਮੁਈਆਸੁ॥	ਭੁੱਲੀ। ਮੁਈ-ਆਸੁ।	Mundtahu Bhulee Naanakaa Fir Fir Janam Mueeaas ||	Forgetting the Primal Lord, O Nanak, people are born and die, over and over again.	ਹੇ ਨਾਨਕ! ਜਿਸ (ਜੀਵ-ਇਸਤ੍ਰੀ) ਨੇ (ਸਭ ਦੇ) ਮੂਲ (ਸਿਰਜਣਹਾਰ) ਨੂੰ ਵਿਸਾਰਿਆ ਹੈ, ਉਹ ਮੁੜ ਮੁੜ ਜੰਮਦੀ ਮਰਦੀ ਹੈ,
3570	89	ਕਸਤੂਰੀ ਕੈ ਭੋਲੜੈ ਗੰਦੇ ਡੁੰਮਿ ਪਈਆਸੁ॥੨॥	(ਭੋਲੜੈ) ਭੁਲੇਖੇ। (ਡੁੰਮਿ) ਗੰਦੇ ਛੱਪੜ ਚ	Kasathooree Kai Bholarrai Gandhae Ddunm Peeaas ||2||	Mistaking it for musk, they have fallen into the stinking pit of filth. ||2||	(ਤੇ ਉਹ) ਕਸਤੂਰੀ (ਭਾਵ, ਉੱਤਮ ਪਦਾਰਥ) ਦੇ ਭੁਲੇਖੇ (ਮਾਇਆ ਦੇ) ਗੰਦੇ ਟੋਏ ਵਿਚ ਪਈ ਹੋਈ ਹੈ ॥੨॥
3571	89	ਪਉੜੀ॥		Pourree ||	Pauree:	
3572	89	ਸੋ ਐਸਾ ਹਰਿ ਨਾਮੁ ਧਿਆਈਐ ਮਨ ਮੇਰੇ ਜੋ ਸਭਨਾ ਉਪਰਿ ਹੁਕਮੁ ਚਲਾਏ॥		So Aisaa Har Naam Dhhiaaeeai Man Maerae Jo Sabhanaa Oupar Hukam Chalaaeae ||	Meditate on that Name of the Lord, O my mind, whose Command rules over all.	ਹੇ ਮੇਰੇ ਮਨ! ਜੋ ਪ੍ਰਭੂ ਸਭ ਜੀਵਾਂ ਉਤੇ ਆਪਣਾ ਹੁਕਮ ਚਲਾਉਂਦਾ (ਭਾਵ, ਜਿਸ ਦੇ ਹੁਕਮ ਅੱਗੇ ਸਭ ਜੀਵ ਜੰਤ ਨਿਉਂਦੇ ਹਨ) ਉਸ ਪ੍ਰਭੂ ਦਾ ਨਾਮ ਸਿਮਰਨਾ ਚਾਹੀਦਾ ਹੈ।

3573	89	ਸੋ ਐਸਾ ਹਰਿ ਨਾਮੁ ਜਪੀਐ ਮਨ ਮੇਰੇ ਜੋ ਅੰਤੀ ਅਉਸਰਿ ਲਏ ਛਡਾਏ॥		So Aisaa Har Naam Japeeai Man Maerae Jo Anthee Aousar Leae Shhaddaaeae ||	Chant that Name of the Lord, O my mind, which will save you at the very last moment.	ਹੇ ਮੇਰੇ ਮਨ! ਜੋ ਅੰਤ ਸਮੇਂ (ਮੌਤ ਦੇ ਡਰ ਤੋਂ) ਛੁਡਾ ਲੈਂਦਾ ਹੈ, ਉਸ ਹਰੀ ਦਾ ਨਾਮ ਜਪਣਾ ਚਾਹੀਦਾ ਹੈ।
3574	89	ਸੋ ਐਸਾ ਹਰਿ ਨਾਮੁ ਜਪੀਐ ਮਨ ਮੇਰੇ ਜੁ ਮਨ ਕੀ ਤ੍ਰਿਸਨਾ ਸਭ ਭੁਖ ਗਵਾਏ॥		So Aisaa Har Naam Japeeai Man Maerae J Man Kee Thrisanaa Sabh Bhukh Gavaaeae ||	Chant that Name of the Lord, O my mind, which shall drive out all hunger and desire from your mind.	ਜੋ ਹਰੀ ਨਾਮ ਮਨ ਦੀਆਂ ਸਭ ਭੁੱਖਾਂ ਤੇ ਤ੍ਰਿਸ਼ਨਾ ਮਿਟਾ ਦੇਂਦਾ ਹੈ, ਹੇ ਮੇਰੇ ਮਨ! ਉਸ ਦਾ ਜਾਪ ਕਰਨਾ ਚਾਹੀਦਾ ਹੈ।
3575	89	ਸੋ ਗੁਰਮੁਖਿ ਨਾਮੁ ਜਪਿਆ ਵਡਭਾਗੀ ਤਿਨ ਨਿੰਦਕ ਦੁਸਟ ਸਭਿ ਪੈਰੀ ਪਾਏ॥	ਪੈਰੀਂ	So Guramukh Naam Japiaa Vaddabhaagee Thin Nindhak Dhusatt Sabh Pairee Paaeae ||	Very fortunate and blessed is that Gurmukh who chants the Naam; it shall bring all slanderers and wicked enemies to fall at his feet.	ਸਭ ਨਿੰਦਕ ਤੇ ਦੁਰਜਨ ਉਹਨਾਂ ਵਡਭਾਗੀਆਂ ਦੀ ਚਰਨੀਂ ਆ ਲੱਗਦੇ ਹਨ, ਜਿਨ੍ਹਾਂ ਨੇ ਸਤਿਗੁਰੂ ਦੀ ਸਰਨ ਪੈ ਕੇ ਇਹ ਨਾਮੁ ਜਪਿਆ ਹੈ।

3576	89	ਨਾਨਕ ਨਾਮੁ ਅਰਾਧਿ ਸਭਨਾ ਤੇ ਵਡਾ ਸਭਿ ਨਾਵੈ ਅਗੈ ਆਨਿ ਨਿਵਾਏ॥੧੫॥		Naanak Naam Araadhh Sabhanaa Thae Vaddaa Sabh Naavai Agai Aan Nivaaeae ||15||	O Nanak, worship and adore the Naam, the Greatest Name of all, before which all come and bow. ||15||	ਹੇ ਨਾਨਕ! ਪ੍ਰਭੂ ਦੇ ਨਾਮ ਦਾ ਸਿਮਰਨ ਕਰ-ਇਹ (ਸਾਧਨ) ਸਭ (ਸਾਧਨਾਂ) ਤੋਂ ਵੱਡਾ ਹੈ; ਨਾਮ ਦੇ ਅੱਗੇ ਸਭ ਲਿਆ ਕੇ (ਪ੍ਰਭੂ ਨੇ) ਨਿਵਾ ਦਿੱਤੇ ਹਨ ॥੧੫॥
3577	89	ਸਲੋਕ ਮਃ ੩॥		Salok Ma 3 ||	Shalok, Third Mehl:	
3578	89	ਵੇਸ ਕਰੇ ਕੁਰੂਪਿ ਕੁਲਖਣੀ ਮਨਿ ਖੋਟੈ ਕੂੜਿਆਰਿ॥	ਕੁ-ਲੱਖਣੀ	Vaes Karae Kuroop Kulakhanee Man Khottai Koorriaar ||	She may wear good clothes, but the bride is ugly and rude; her mind is false and impure.	ਝੂਠੀ, ਮਾਨੋ ਖੋਟੀ, ਭੈੜੇ ਲੱਛਣਾਂ ਵਾਲੀ ਤੇ ਕਰੂਪ ਇਸਤ੍ਰੀ ਆਪਣੇ ਸਰੀਰ ਨੂੰ ਸਿੰਗਾਰਦੀ ਹੈ;
3579	89	ਪਿਰ ਕੈ ਭਾਣੈ ਨਾ ਚਲੈ ਹੁਕਮੁ ਕਰੇ ਗਾਵਾਰਿ॥		Pir Kai Bhaanai Naa Chalai Hukam Karae Gaavaar ||	She does not walk in harmony with the Will of her Husband Lord. Instead, she foolishly gives Him orders.	(ਪਰ) ਪਤੀ ਦੇ ਹੁਕਮ ਵਿਚ ਨਹੀਂ ਤੁਰਦੀ, (ਸਗੋਂ) ਮੂਰਖ ਇਸਤ੍ਰੀ (ਪਤੀ ਤੇ) ਹੁਕਮ ਚਲਾਉਂਦੀ ਹੈ (ਸਿੱਟਾ ਇਹ ਹੁੰਦਾ ਹੈ ਕਿ ਸਦਾ ਦੁਖੀ ਰਹਿੰਦੀ ਹੈ)।
3580	89	ਗੁਰ ਕੈ ਭਾਣੈ ਜੋ ਚਲੈ ਸਭਿ ਦੁਖ ਨਿਵਾਰਣਹਾਰਿ॥		Gur Kai Bhaanai Jo Chalai Sabh Dhukh Nivaaranehaar ||	But she who walks in harmony with the Guru's Will, shall be spared all pain and suffering.	ਜੋ (ਜੀਵ-ਇਸਤ੍ਰੀ) ਸਤਿਗੁਰੂ ਦੀ ਰਜ਼ਾ ਵਿਚ ਚੱਲਦੀ ਹੈ ਉਹ ਅਪਾਣੇ ਸਾਰੇ ਦੁੱਖ-ਕਲੇਸ਼ ਨਿਵਾਰ ਲੈਂਦੀ ਹੈ।

3581	89	ਲਿਖਿਆ ਮੇਟਿ ਨ ਸਕੀਐ ਜੋ ਧੁਰਿ ਲਿਖਿਆ ਕਰਤਾਰਿ॥		Likhiaa Maett N Sakeeai Jo Dhhur Likhiaa Karathaar ||	That destiny which was pre-ordained by the Creator cannot be erased.	(ਪਰ, ਕੁਲੱਖਣੀ ਦੇ ਕੀਹ ਵੱਸ?) (ਜੀਵਾਂ ਦੇ ਕੀਤੇ ਕਰਮਾਂ ਅਨੁਸਾਰ) ਕਰਤਾਰ ਨੇ ਧੁਰੋਂ ਜੋ (ਸੰਸਕਾਰਾਂ ਦਾ ਲੇਖ ਜੀਵਾਂ ਦੇ ਮੱਥੇ ਤੇ) ਲਿਖ ਦਿੱਤਾ ਹੈ, ਉਹ ਲਿਖਿਆ ਹੋਇਆ ਲੇਖ ਮਿਟਾਇਆ ਨਹੀਂ ਜਾ ਸਕਦਾ।
3582	89	ਮਨੁ ਤਨੁ ਸਉਪੇ ਕੰਤ ਕਉ ਸਬਦੇ ਧਰੇ ਪਿਆਰੁ॥		Man Than Soupae Kanth Ko Sabadhae Dhharae Piaar ||	She must dedicate her mind and body to her Husband Lord, and enshrine love for the Word of the Shabad.	(ਸੁਲੱਖਣੀ) ਤਨ ਮਨ (ਹਰੀ-) ਪਤੀ ਨੂੰ ਸਉਂਪ ਦੇਂਦੀ ਹੈ, ਤੇ ਸਤਿਗੁਰੂ ਦੇ ਸ਼ਬਦ ਵਿਚ ਬਿਰਤੀ ਜੋੜਦੀ ਹੈ।
3583	89	ਬਿਨੁ ਨਾਵੈ ਕਿਨੈ ਨ ਪਾਇਆ ਦੇਖਹੁ ਰਿਦੈ ਬੀਚਾਰਿ॥		Bin Naavai Kinai N Paaeiaa Dhaekhahu Ridhai Beechaar ||	Without His Name, no one has found Him; see this and reflect upon it in your heart.	ਹਿਰਦੇ ਵਿਚ ਵਿਚਾਰ ਕਰ ਕੇ ਵੇਖ (ਭੀ) ਲਵੋ, ਕਿ ਨਾਮ (ਜਪਣ) ਤੋਂ ਬਿਨਾ ਕਿਸੇ ਨੂੰ ਪ੍ਰਭੂ ਨਹੀਂ ਮਿਲਿਆ।
3584	89	ਨਾਨਕ ਸਾ ਸੁਆਲਿਓ ਸੁਲਖਣੀ ਜਿ ਰਾਵੀ ਸਿਰਜਨਹਾਰਿ॥੧॥	ਸੁ-ਲੱਖਣੀ	Naanak Saa Suaaliou Sulakhanee J Raavee Sirajanehaar ||1||	O Nanak, she is beautiful and graceful; the Creator Lord ravishes and enjoys her. ||1||	ਹੇ ਨਾਨਕ! ਚੰਗੇ ਲੱਛਣਾਂ ਵਾਲੀ ਤੇ ਸੁੰਦਰ (ਜੀਵ-) ਇਸਤ੍ਰੀ ਉਹੀ ਹੈ, ਜਿਸ ਉਤੇ ਸਿਰਜਨਹਾਰ (ਪਤੀ) ਨੇ ਮਿਹਰ ਕੀਤੀ ਹੈ ॥੧॥
3585	89	ਮਃ ੩॥		Ma 3 ||	Third Mehl:	

3586	89	ਮਾਇਆ ਮੋਹੁ ਗੁਬਾਰੁ ਹੈ ਤਿਸ ਦਾ ਨ ਦਿਸੈ ਉਰਵਾਰੁ ਨ ਪਾਰੁ॥		Maaeiaa Mohu Gubaar Hai This Dhaa N Dhisai Ouravaar N Paar ||	Attachment to Maya is an ocean of darkness; neither this shore nor the one beyond can be seen.	ਮਾਇਆ ਦਾ ਮੋਹ-ਪਿਆਰ (ਨਿਰਾ) ਹਨੇਰਾ ਹੈ, ਜਿਸ ਦਾ ਉਰਲਾ ਤੇ ਪਾਰਲਾ ਬੰਨਾ ਦਿੱਸਦਾ ਨਹੀਂ।
3587	89	ਮਨਮੁਖ ਅਗਿਆਨੀ ਮਹਾ ਦੁਖੁ ਪਾਇਦੇ ਡੁਬੇ ਹਰਿ ਨਾਮੁ ਵਿਸਾਰਿ॥	ਡੁੱਬੇ	Manamukh Agiaanee Mehaa Dhukh Paaeidhae Ddubae Har Naam Visaar ||	The ignorant, self-willed manmukhs suffer in terrible pain; they forget the Lord's Name and drown.	ਸਤਿਗੁਰੂ ਤੋਂ ਮੁਖ ਮੋੜਨ ਵਾਲੇ, ਗਿਆਨ ਤੋਂ ਹੀਣ ਜੀਵ ਪ੍ਰਭੂ ਦਾ ਨਾਮ ਵਿਸਾਰ ਕੇ (ਉਸ ਹਨੇਰੇ ਵਿਚ) ਗੋਤੇ ਖਾਂਦੇ ਹਨ ਤੇ ਬੜਾ ਦੁੱਖ ਸਹਿੰਦੇ ਹਨ।
3588	89	ਭਲਕੇ ਉਠਿ ਬਹੁ ਕਰਮ ਕਮਾਵਹਿ ਦੂਜੈ ਭਾਇ ਪਿਆਰੁ॥		Bhalakae Outh Bahu Karam Kamaavehi Dhoojai Bhaae Piaar ||	They arise in the morning and perform all sorts of rituals, but they are caught in the love of duality.	ਨਿਤ ਨਵੇਂ ਸੂਰਜ (ਨਾਮ ਤੋਂ ਬਿਨਾ) ਹੋਰ ਬਥੇਰੇ ਕੰਮ ਕਰਦੇ ਹਨ ਤੇ ਮਾਇਆ ਦੇ ਪਿਆਰ ਵਿਚ (ਹੀ ਉਹਨਾਂ ਦੀ) ਬਿਰਤੀ (ਜੁੜੀ ਰਹਿੰਦੀ ਹੈ)।
3589	89	ਸਤਿਗੁਰੁ ਸੇਵਹਿ ਆਪਣਾ ਭਉਜਲੁ ਉਤਰੇ ਪਾਰਿ॥		Sathigur Saevehi Aapanaa Bhoujal Outharae Paar ||	Those who serve the True Guru cross over the terrifying world-ocean.	(ਜੋ ਜੀਵ) ਆਪਣੇ ਸਤਿਗੁਰੂ ਦੀ ਦੱਸੀ ਸੇਵਾ ਕਰਦੇ ਹਨ, ਉਹ (ਮਾਇਆ ਦੇ ਮੋਹ-ਰੂਪ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ।

3590	89	ਨਾਨਕ ਗੁਰਮੁਖਿ ਸਚਿ ਸਮਾਵਹਿ ਸਚੁ ਨਾਮੁ ਉਰ ਧਾਰਿ॥੨॥	ਸਮਾਵ-ਹਿ	Naanak Guramukh Sach Samaavehi Sach Naam Our Dhhaar ||2||	O Nanak, the Gurmukhs keep the True Name enshrined in their hearts; they are absorbed into the True One. ||2||	ਹੇ ਨਾਨਕ! ਸਤਿਗੁਰੂ ਦੇ ਸਨਮੁਖ ਰਹਿਣ ਵਾਲੇ (ਜੀਵ) ਸੱਚੇ ਨਾਮ ਨੂੰ ਹਿਰਦੇ ਵਿਚ ਪਰੋ ਕੇ ਸਦਾ-ਥਿਰ (ਪ੍ਰਭੂ) ਵਿਚ ਲੀਨ ਹੋ ਜਾਂਦੇ ਹਨ ॥੨॥
3591	89	ਪਉੜੀ॥		Pourree ||	Pauree:	
3592	89	ਹਰਿ ਜਲਿ ਥਲਿ ਮਹੀਅਲਿ ਭਰਪੂਰਿ ਦੂਜਾ ਨਾਹਿ ਕੋਇ॥	(ਮਹੀਅਲਿ) ਵਿੱਚ	Har Jal Thhal Meheeal Bharapoor Dhoojaa Naahi Koe ||	The Lord pervades and permeates the water, the land and the sky; there is no other at all.	ਪ੍ਰਭੂ ਜਲ ਵਿਚ ਥਲ ਵਿਚ ਪ੍ਰਿਥਵੀ ਉੱਤੇ ਹਰ ਥਾਂ ਵਿਆਪਕ ਹੈ, ਉਸ ਦਾ ਕੋਈ ਸ਼ਰੀਕ ਨਹੀਂ ਹੈ।
3593	89	ਹਰਿ ਆਪਿ ਬਹਿ ਕਰੇ ਨਿਆਉ ਕੂੜਿਆਰ ਸਭ ਮਾਰਿ ਕਢੋਇ॥		Har Aap Behi Karae Niaao Koorriaar Sabh Maar Kadtoe ||	The Lord Himself sits upon His Throne and administers justice. He beats and drives out the false-hearted.	ਪ੍ਰਭੂ ਆਪ ਹੀ ਬਹਿ ਕੇ (ਭਾਵ, ਗਹੁ ਨਾਲ) (ਜੀਵਾਂ ਦੇ ਚੰਗੇ ਮੰਦੇ ਕੀਤੇ ਕਰਮਾਂ ਦਾ) ਨਿਆਂ ਕਰਦਾ ਹੈ, ਮਨ ਦੇ ਖੋਟੇ ਸਭ ਜੀਵਾਂ ਨੂੰ ਮਾਰ ਕੇ ਕੱਢ ਦੇਂਦਾ ਹੈ (ਭਾਵ, ਆਪਣੇ ਚਰਨਾਂ ਤੋਂ ਵਿਛੋੜ ਦੇਂਦਾ ਹੈ।)
3594	89	ਸਚਿਆਰਾ ਦੇਇ ਵਡਿਆਈ ਹਰਿ ਧਰਮ ਨਿਆਉ ਕੀਓਇ॥	ਦੇ-ਇ। ਕੀਓ-ਇ।	Sachiaaraa Dhaee Vaddiaaee Har Dhharam Niaao Keeoue ||	The Lord bestows glorious greatness upon those who are truthful. He administers righteous justice.	ਸੱਚ ਦੇ ਵਪਾਰੀਆਂ ਨੂੰ ਆਦਰ ਬਖ਼ਸ਼ਦਾ ਹੈ-ਹਰੀ ਨੇ ਇਹ ਧਰਮ ਦਾ ਨਿਆਂ ਕੀਤਾ ਹੈ।

3595	89	ਸਭ ਹਰਿ ਕੀ ਕਰਹੁ ਉਸਤਤਿ ਜਿਨਿ ਗਰੀਬ ਅਨਾਥ ਰਾਖਿ ਲੀਓਇ॥		Sabh Har Kee Karahu Ousathath Jin Gareeb Anaathh Raakh Leeoue ||	So praise the Lord, everybody; He protects the poor and the lost souls.	(ਹੇ ਭਾਈ!) ਸਾਰੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰੋ, ਜਿਸ ਨੇ (ਸਦਾ) ਗ਼ਰੀਬਾਂ ਅਨਾਥਾਂ ਦੀ ਰਾਖੀ ਕੀਤੀ ਹੈ।
3596	89	ਜੈਕਾਰੁ ਕੀਓ ਧਰਮੀਆ ਕਾ ਪਾਪੀ ਕਉ ਡੰਡੁ ਦੀਓਇ॥੧੬॥		Jaikaar Keeou Dhharameeaa Kaa Paapee Ko Ddandd Dheeoue ||16||	He honors the righteous and punishes the sinners. ||16||	ਧਰਮੀਆਂ ਨੂੰ ਵਡਿਆਈ ਦਿੱਤੀ ਹੈ ਤੇ ਪਾਪੀਆਂ ਨੂੰ ਦੰਡ ਦਿੱਤਾ ਹੈ ॥੧੬॥
3597	89	ਸਲੋਕ ਮਃ ੩॥	ਕੁ-ਲੱਖਣੀ	Salok Ma 3 ||	Shalok, Third Mehl:	
3598	89	ਮਨਮੁਖ ਮੈਲੀ ਕਾਮਣੀ ਕੁਲਖਣੀ ਕੁਨਾਰਿ॥		Manamukh Mailee Kaamanee Kulakhanee Kunaar ||	The self-willed manmukh, the foolish bride, is a filthy, rude and evil wife.	ਮਨ ਦਾ ਮੁਰੀਦ (ਜੀਵ ਉਸ) ਖੋਟੀ ਚੰਦਰੇ ਲੱਛਣਾਂ ਵਾਲੀ ਤੇ ਮੈਲੀ ਇਸਤ੍ਰੀ (ਵਾਂਗ) ਹੈ,
3599	89	ਪਿਰੁ ਛੋਡਿਆ ਘਰਿ ਆਪਣਾ ਪਰ ਪੁਰਖੈ ਨਾਲਿ ਪਿਆਰੁ॥		Pir Shhoddiaa Ghar Aapanaa Par Purakhai Naal Piaar ||	Forsaking her Husband Lord and leaving her own home, she gives her love to another.	(ਜਿਸ ਨੇ) ਘਰ ਵਿਚ (ਵੱਸਦਾ) ਆਪਣਾ ਖਸਮ ਛੱਡ ਦਿੱਤਾ ਹੈ ਤੇ ਪਰਾਏ ਆਦਮੀ ਨਾਲ ਪਿਆਰ (ਪਾਇਆ ਹੋਇਆ ਹੈ)।

3600	89	ਤ੍ਰਿਸਨਾ ਕਦੇ ਨ ਚੁਕਈ ਜਲਦੀ ਕਰੇ ਪੂਕਾਰ॥	ਚੁੱ-ਕਈ	Thrisanaa Kadhae N Chukee Jaladhee Karae Pookaar ||	Her desires are never satisfied, and she burns and cries out in pain.	ਉਸ ਦੀ ਤ੍ਰਿਸ਼ਨਾ ਕਦੇ ਨਹੀਂ ਮਿਟਦੀ ਤੇ (ਤ੍ਰਿਸ਼ਨਾ ਵਿਚ) ਸੜਦੀ ਹੋਈ ਵਿਲਕਦੀ ਹੈ।
3601	89	ਨਾਨਕ ਬਿਨੁ ਨਾਵੈ ਕੁਰੂਪਿ ਕੁਸੋਹਣੀ ਪਰਹਰਿ ਛੋਡੀ ਭਤਾਰਿ॥੧॥	ਕੁ-ਸੋਹਣੀ	Naanak Bin Naavai Kuroop Kusohanee Parehar Shhoddee Bhathaar ||1||	O Nanak, without the Name, she is ugly and ungraceful. She is abandoned and left behind by her Husband Lord. ||1||	ਹੇ ਨਾਨਕ! (ਮਨਮੁਖ ਜੀਵ) ਨਾਮ ਤੋਂ ਬਿਨਾ ਭੈੜੇ ਰੂਪ ਵਾਲੀ ਤੇ ਕੁਸੋਹਣੀ ਇਸਤ੍ਰੀ ਵਾਂਗ ਹੈ ਤੇ ਖਸਮ ਵਲੋਂ (ਭੀ) ਦੁਰਕਾਰੀ ਹੋਈ ਹੈ ॥੧॥
3602	90	ਮਃ੩॥		Ma 3 ||	Third Mehl:	
3603	90	ਸਬਦਿ ਰਤੀ ਸੋਹਾਗਣੀ ਸਤਿਗੁਰ ਕੈ ਭਾਇ ਪਿਆਰਿ॥		Sabadh Rathee Sohaaganee Sathigur Kai Bhaae Piaar ||	The happy soul-bride is attuned to the Word of the Shabad; she is in love with the True Guru.	ਜੀਊਂਦੇ ਖਸਮ ਵਾਲੀ (ਗੁਰਮੁਖ ਜੀਵ-) ਇਸਤ੍ਰੀ (ਉਹ ਹੈ ਜੋ) ਗੁਰੂ ਦੇ ਸ਼ਬਦ ਦੀ ਰਾਹੀਂ ਸਤਿਗੁਰੂ ਦੇ ਪ੍ਰੇਮ-ਪਿਆਰ ਵਿਚ-
3604	90	ਸਦਾ ਰਾਵੇ ਪਿਰੁ ਆਪਣਾ ਸਚੈ ਪ੍ਰੇਮਿ ਪਿਆਰਿ॥		Sadhaa Raavae Pir Aapanaa Sachai Praem Piaar ||	She continually enjoys and ravishes her Beloved, with true love and affection.	ਸਦਾ ਆਪਣੇ ਹਰੀ-ਖਸਮ (ਦੀ ਯਾਦ) ਦਾ ਆਨੰਦ ਮਾਣਦੀ ਹੈ।
3605	90	ਅਤਿ ਸੁਆਲਿਉ ਸੁੰਦਰੀ ਸੋਭਾਵੰਤੀ ਨਾਰਿ॥		Ath Suaalio Sundharee Sobhaavanthee Naar ||	She is such a loveable, beautiful and noble woman.	ਉਹ ਸੁੰਦਰ ਨਾਰੀ ਬਹੁਤ ਸੋਹਣੇ ਰੂਪ ਵਾਲੀ ਤੇ ਸੋਭਾ ਵਾਲੀ ਹੈ।

3606	90	ਨਾਨਕ ਨਾਮਿ ਸੋਹਾਗਣੀ ਮੇਲੀ ਮੇਲਣਹਾਰਿ॥੨॥		Naanak Naam Sohaaganee Maelee Maelanehaar ||2||	O Nanak, through the Naam, the happy soul-bride unites with the Lord of Union. ||2||	ਹੇ ਨਾਨਕ! ਨਾਮ ਵਿਚ (ਜੁੜੀ ਹੋਣ ਕਰਕੇ) (ਗੁਰਮੁਖ) ਸੋਹਾਗਣ ਨੂੰ ਮੇਲਣਹਾਰ ਹਰੀ ਨੇ (ਆਪਣੇ ਵਿਚ) ਮਿਲਾ ਲਿਆ ਹੈ ॥੨॥
3607	90	ਪਉੜੀ॥		Pourree ||	Pauree:	
3608	90	ਹਰਿ ਤੇਰੀ ਸਭ ਕਰਹਿ ਉਸਤਤਿ ਜਿਨਿ ਫਾਥੇ ਕਾਢਿਆ॥		Har Thaeree Sabh Karehi Ousathath Jin Faathhae Kaadtiaa ||	Lord, everyone sings Your Praises. You have freed us from bondage.	ਹੇ ਪ੍ਰਭੂ! ਸਭ ਜੀਵ ਤੇਰੀ (ਹੀ) ਸਿਫ਼ਤ-ਸਾਲਾਹ ਕਰਦੇ ਹਨ, ਜਿਸ ਤੂੰ (ਉਹਨਾਂ ਮਾਇਆ ਵਿਚ) ਫਸਿਆਂ ਨੂੰ ਕੱਢਿਆ ਹੈ।
3609	90	ਹਰਿ ਤੁਧਨੋ ਕਰਹਿ ਸਭ ਨਮਸਕਾਰੁ ਜਿਨਿ ਪਾਪੈ ਤੇ ਰਾਖਿਆ॥		Har Thudhhano Karehi Sabh Namasakaar Jin Paapai Thae Raakhiaa ||	Lord, everyone bows in reverence to You. You have saved us from our sinful ways.	ਹੇ ਹਰੀ! ਸਭ ਜੀਵ ਤੇਰੇ ਅੱਗੇ ਸਿਰ ਨਵਾਂਦੇ ਹਨ, ਜਿਸ ਤੂੰ (ਉਹਨਾਂ ਨੂੰ) ਪਾਪਾਂ ਤੋਂ ਬਚਾਇਆ ਹੈ।
3610	90	ਹਰਿ ਨਿਮਾਣਿਆ ਤੂੰ ਮਾਣੁ ਹਰਿ ਡਾਢੀ ਹੂੰ ਤੂੰ ਡਾਢਿਆ॥		Har Nimaaniaa Thoon Maan Har Ddaadtee Hoon Thoon Ddaadtiaa ||	Lord, You are the Honor of the dishonored. Lord, You are the Strongest of the strong.	ਹੇ ਹਰੀ! ਜਿਨ੍ਹਾਂ ਨੂੰ ਕਿਤੇ ਆਦਰ ਨਹੀਂ ਮਿਲਦਾ, ਤੂੰ ਉਹਨਾਂ ਦਾ ਮਾਣ ਬਣਦਾ ਹੈਂ। ਹੇ ਹਰੀ! ਤੂੰ ਸਭ ਤੋਂ ਵਧੀਕ ਡਾਢਾ ਹੈਂ।

3611	90	ਹਰਿ ਅਹੰਕਾਰੀਆ ਮਾਰਿ ਨਿਵਾਏ ਮਨਮੁਖ ਮੂੜ ਸਾਧਿਆ॥	ਅਹੰ-ਕਾਰੀਆ ਸਾੱਧਿਆ	Har Ahankaareeaa Maar Nivaaeae Manamukh Moorr Saadhhiaa ||	The Lord beats down the egocentrics and corrects the foolish, self-willed manmukhs.	(ਹੇ ਭਾਈ!) ਪ੍ਰਭੂ ਅਹੰਕਾਰੀਆਂ ਨੂੰ ਮਾਰ ਕੇ (ਭਾਵ, ਬਿਪਤਾ ਵਿਚ ਪਾ ਕੇ) ਨਿਵਾਉਂਦਾ ਹੈ, ਤੇ ਮੂਰਖ ਮਨਮੁਖਾਂ ਨੂੰ ਸਿੱਧੇ ਰਾਹੇ ਪਾਂਦਾ ਹੈ।
3612	90	ਹਰਿ ਭਗਤਾ ਦੇਇ ਵਡਿਆਈ ਗਰੀਬ ਅਨਾਥਿਆ॥੧੭॥	ਦੇ-ਇ	Har Bhagathaa Dhaee Vaddiaaee Gareeb Anaathhiaa ||17||	The Lord bestows glorious greatness on His devotees, the poor, and the lost souls. ||17||	ਪ੍ਰਭੂ ਗਰੀਬ ਤੇ ਅਨਾਥ ਭਗਤਾਂ ਨੂੰ ਆਦਰ ਬਖ਼ਸ਼ਦਾ ਹੈ ॥੧੭॥
3613	90	ਸਲੋਕ ਮਃ ੩॥		Salok Ma 3 ||	Shalok, Third Mehl:	
3614	90	ਸਤਿਗੁਰ ਕੈ ਭਾਣੈ ਜੋ ਚਲੈ ਤਿਸੁ ਵਡਿਆਈ ਵਡੀ ਹੋਇ॥		Sathigur Kai Bhaanai Jo Chalai This Vaddiaaee Vaddee Hoe ||	One who walks in harmony with the Will of the True Guru, obtains the greatest glory.	ਜੋ ਮਨੁੱਖ ਸਤਿਗੁਰੂ ਦੇ ਭਾਣੇ ਵਿਚ ਜੀਵਨ ਬਤੀਤ ਕਰਦਾ ਹੈ, ਉਸ ਦਾ (ਹਰੀ ਦੀ ਦਰਗਾਹ ਵਿਚ) ਬੜਾ ਆਦਰ ਹੁੰਦਾ ਹੈ।
3615	90	ਹਰਿ ਕਾ ਨਾਮੁ ਉਤਮੁ ਮਨਿ ਵਸੈ ਮੇਟਿ ਨ ਸਕੈ ਕੋਇ॥		Har Kaa Naam Outham Man Vasai Maett N Sakai Koe ||	The Exalted Name of the Lord abides in his mind, and no one can take it away.	ਪ੍ਰਭੂ ਦਾ ਉੱਤਮ ਨਾਮ ਉਸ ਦੇ ਮਨ ਵਿਚ ਘਰ ਕਰਦਾ ਹੈ (ਟਿਕਦਾ ਹੈ), ਤੇ ਕੋਈ (ਮਾਇਕ ਪਦਾਰਥ ਉੱਤਮ 'ਨਾਮ' ਦੇ ਸੰਸਕਾਰਾਂ ਨੂੰ ਉਸ ਦੇ ਹਿਰਦੇ ਵਿਚੋਂ) ਦੂਰ ਨਹੀਂ ਕਰ ਸਕਦਾ।

3616	90	ਕਿਰਪਾ ਕਰੇ ਜਿਸੁ ਆਪਣੀ ਤਿਸੁ ਕਰਮਿ ਪਰਾਪਤਿ ਹੋਇ॥		Kirapaa Karae Jis Aapanee This Karam Paraapath Hoe ||	That person, upon whom the Lord bestows His Grace, receives His Mercy.	ਜਿਸ ਤੇ (ਹਰੀ ਆਪ) ਆਪਣੀ ਮਿਹਰ ਕਰੇ, ਉਸ ਨੂੰ ਉਸ ਮਿਹਰ ਸਦਕਾ (ਉੱਤਮ ਨਾਮ) ਪ੍ਰਾਪਤ ਹੁੰਦਾ ਹੈ।
3617	90	ਨਾਨਕ ਕਾਰਣੁ ਕਰਤੇ ਵਸਿ ਹੈ ਗੁਰਮੁਖਿ ਬੂਝੈ ਕੋਇ॥੧॥	ਵੱਸਿ	Naanak Kaaran Karathae Vas Hai Guramukh Boojhai Koe ||1||	O Nanak, creativity is under the control of the Creator; how rare are those who, as Gurmukh, realize this! ||1||	(ਪਰ ਨਾਮ-ਪ੍ਰਾਪਤੀ ਦਾ ਕਾਰਨ, ਭਾਵ, ਭਾਣਾ ਮੰਨਣ ਦਾ ਉੱਦਮ, ਮਨੁੱਖ ਦੇ ਆਪਣੇ ਵੱਸ ਵਿਚ ਨਹੀਂ), ਹੇ ਨਾਨਕ! ਕੋਈ ਗੁਰਮੁਖ ਜੀਊੜਾ ਇਹ ਭੇਦ ਸਮਝਦਾ ਹੈ ਕਿ ਇਹ ਕਾਰਣ ਸਿਰਜਨਹਾਰ ਦੇ ਵੱਸ ਵਿਚ ਹੈ ॥੧॥
3618	90	ਮਃ ੩॥		Ma 3 ||	Third Mehl:	
3619	90	ਨਾਨਕ ਹਰਿ ਨਾਮੁ ਜਿਨੀ ਆਰਾਧਿਆ ਅਨ ਦਿਨੁ ਹਰਿ ਲਿਵ ਤਾਰ॥		Naanak Har Naam Jinee Aaraadhhiaa Anadhin Har Liv Thaar ||	O Nanak, those who worship and adore the Lord's Name night and day, vibrate the String of the Lord's Love.	ਹੇ ਨਾਨਕ! ਜਿਨ੍ਹਾਂ ਨੇ ਹਰ ਰੋਜ਼ ਇਕ-ਰਸ ਪ੍ਰਭੂ ਦੇ ਨਾਮ ਦਾ ਸਿਮਰਨ ਕੀਤਾ ਹੈ,
3620	90	ਮਾਇਆ ਬੰਦੀ ਖਸਮ ਕੀ ਤਿਨ ਅਗੈ ਕਮਾਵੈ ਕਾਰ॥		Maaeiaa Bandhee Khasam Kee Thin Agai Kamaavai Kaar ||	Maya, the maid-servant of our Lord and Master, serves them.	ਖਸਮ ਪ੍ਰਭੂ ਦੀ ਦਾਸੀ ਮਾਇਆ ਉਹਨਾਂ ਦੇ ਅੱਗੇ ਕਾਰ ਕਮਾਂਦੀ ਹੈ (ਭਾਵ, ਉਹ ਬੰਦੇ ਮਾਇਆ ਦੇ ਪਿੱਛੇ ਨਹੀਂ ਫਿਰਦੇ, ਮਾਇਆ ਉਹਨਾਂ ਦੀ ਸੇਵਕ ਬਣਦੀ ਹੈ।)

3621	90	ਪੂਰੈ ਪੂਰਾ ਕਰਿ ਛੋਡਿਆ ਹੁਕਮਿ ਸਵਾਰਣਹਾਰ॥		Poorai Pooraa Kar Shhoddiaa Hukam Savaaranehaar ||	The Perfect One has made them perfect; by the Hukam of His Command, they are embellished.	(ਕਿਉਂਕਿ) ਸਵਾਰਣਵਾਲੇ (ਪ੍ਰਭੂ) ਦੇ ਹੁਕਮ ਵਿਚ ਪੂਰੇ (ਗੁਰੂ) ਨੇ ਉਹਨਾਂ ਨੂੰ ਪੂਰਨ ਕਰ ਦਿੱਤਾ ਹੈ (ਤੇ ਉਹ ਮਾਇਆ ਦੇ ਪਿੱਛੇ ਡੋਲਦੇ ਨਹੀਂ।)
3622	90	ਗੁਰ ਪਰਸਾਦੀ ਜਿਨਿ ਬੁਝਿਆ ਤਿਨਿ ਪਾਇਆ ਮੋਖ ਦੁਆਰੁ॥	ਬੁੱਝਿਆ	Gur Parasaadhee Jin Bujhiaa Thin Paaeiaa Mokh Dhuaar ||	By Guru's Grace, they understand Him, and they find the gate of salvation.	ਸਤਿਗੁਰੂ ਦੀ ਕਿਰਪਾ ਨਾਲ ਜਿਸ ਨੇ (ਇਹ ਭੇਤ) ਸਮਝ ਲਿਆ ਹੈ, ਉਸ ਨੇ ਮੁਕਤੀ ਦਾ ਦਰ ਲੱਭ ਲਿਆ ਹੈ।
3623	90	ਮਨਮੁਖ ਹੁਕਮੁ ਨ ਜਾਣਨੀ ਤਿਨ ਮਾਰੇ ਜਮ ਜੰਦਾਰੁ॥		Manamukh Hukam N Jaananee Thin Maarae Jam Jandhaar ||	The self-willed manmukhs do not know the Lord's Command; they are beaten down by the Messenger of Death.	ਮਨਮੁਖ ਬੰਦੇ (ਪ੍ਰਭੂ ਦਾ) ਹੁਕਮ ਨਹੀਂ ਪਛਾਣਦੇ, (ਇਸ ਕਰਕੇ) ਉਹਨਾਂ ਨੂੰ ਜ਼ਾਲਮ ਜਮ ਦੰਡ ਦੇਂਦਾ ਹੈ।
3624	90	ਗੁਰਮੁਖਿ ਜਿਨੀ ਅਰਾਧਿਆ ਤਿਨੀ ਤਰਿਆ ਭਉਜਲੁ ਸੰਸਾਰੁ॥		Guramukh Jinee Araadhhiaa Thinee Thariaa Bhoujal Sansaar ||	But the Gurmukhs, who worship and adore the Lord, cross over the terrifying world-ocean.	ਗੁਰੂ ਦੇ ਸਨਮੁਖ ਹੋ ਕੇ ਜਿਨ੍ਹਾਂ ਨੇ ਸਿਮਰਨ ਕੀਤਾ, ਉਹ ਸੰਸਾਰ-ਸਾਗਰ ਨੂੰ ਤਰ ਗਏ ਹਨ,

3625	90	ਸਭਿ ਅਉਗਣ ਗੁਣੀ ਮਿਟਾਇਆ ਗੁਰੁ ਆਪੇ ਬਖਸਣਹਾਰੁ॥੨॥		Sabh Aougan Gunee Mittaaeiaa Gur Aapae Bakhasanehaar ||2||	All their demerits are erased, and replaced with merits. The Guru Himself is their Forgiver. ||2||	(ਕਿਉਂਕਿ ਸਤਿਗੁਰੂ ਨੇ) ਗੁਣਾਂ ਦੁਆਰਾ (ਭਾਵ, ਉਹਨਾਂ ਦੇ ਹਿਰਦੇ ਵਿਚ ਗੁਣ ਪਰਗਟ ਕਰ ਕੇ ਉਹਨਾਂ ਦੇ) ਸਾਰੇ ਅਉਗੁਣ ਮਿਟਾ ਦਿੱਤੇ ਹਨ। ਗੁਰੂ ਬੜਾ ਬਖ਼ਸ਼ਿੰਦ ਹੈ ॥੨॥
3626	90	ਪਉੜੀ॥		Pourree ||	Pauree:	
3627	90	ਹਰਿ ਕੀ ਭਗਤਾ ਪਰਤੀਤਿ ਹਰਿ ਸਭ ਕਿਛੁ ਜਾਣਦਾ॥		Har Kee Bhagathaa Paratheeth Har Sabh Kishh Jaanadhaa ||	The Lord's devotees have faith in Him. The Lord knows everything.	ਭਗਤ ਜਨਾਂ ਨੂੰ ਪ੍ਰਭੂ ਉੱਤੇ (ਇਹ) ਭਰੋਸਾ ਹੈ ਕਿ ਪ੍ਰਭੂ ਅੰਤਰਜਾਮੀ ਹੈ।
3628	90	ਹਰਿ ਜੇਵਡੁ ਨਾਹੀ ਕੋਈ ਜਾਣੁ ਹਰਿ ਧਰਮੁ ਬੀਚਾਰਦਾ॥		Har Jaevadd Naahee Koee Jaan Har Dhharam Beechaaradhaa ||	No one is as great a Knower as the Lord; the Lord administers righteous justice.	ਉਸ ਦੇ ਬਰਾਬਰ ਹੋਰ ਕੋਈ (ਹਿਰਦਿਆਂ ਦਾ) ਜਾਣੂ ਨਹੀਂ, (ਤੇ ਇਸੇ ਕਰਕੇ) ਪ੍ਰਭੂ ਨਿਆਂ ਦੀ ਵਿਚਾਰ ਕਰਦਾ ਹੈ।
3629	90	ਕਾੜਾ ਅੰਦੇਸਾ ਕਿਉ ਕੀਜੈ ਜਾ ਨਾਹੀ ਅਧਰਮਿ ਮਾਰਦਾ॥	ਅ-ਧਰਮਿ	Kaarraa Andhaesaa Kio Keejai Jaa Naahee Adhharam Maaradhaa ||	Why should we feel any burning anxiety, since the Lord does not punish without just cause?	ਜੇ (ਇਹ ਭਰੋਸਾ ਹੋਵੇ ਕਿ) ਪ੍ਰਭੂ ਅਨਿਆਉਂ ਨਾਲ ਨਹੀਂ ਮਾਰਦਾ, ਤਾਂ ਕੋਈ ਫ਼ਿਕਰ ਡਰ ਨਹੀਂ ਰਹਿੰਦਾ।
3630	90	ਸਚਾ ਸਾਹਿਬੁ ਸਚੁ ਨਿਆਉ ਪਾਪੀ ਨਰੁ ਹਾਰਦਾ॥		Sachaa Saahib Sach Niaao Paapee Nar Haaradhaa ||	True is the Master, and True is His Justice; only the sinners are defeated.	ਪ੍ਰਭੂ ਆਪ ਅਭੁੱਲ ਹੈ ਤੇ ਉਸ ਦਾ ਨਿਆਂ ਭੀ ਅਭੁੱਲ ਹੈ, (ਇਸ 'ਮਾਰ' ਦਾ ਸਦਕਾ ਹੀ) ਪਾਪੀ ਮਨੁੱਖ (ਪਾਪਾਂ ਵਲੋਂ) ਹਾਰਦਾ ਹੈ।

3631	90	ਸਾਲਾਹਿਹੁ ਭਗਤਹੁ ਕਰਿ ਜੋੜਿ ਹਰਿ ਭਗਤ ਜਨ ਤਾਰਦਾ॥੧੮॥		Saalaahihu Bhagathahu Kar Jorr Har Bhagath Jan Thaaradhaa ||18||	O devotees, praise the Lord with your palms pressed together; the Lord saves His humble devotees. ||18||	ਹੇ ਭਗਤ ਜਨੋ! ਨਿਰਮਾਣ ਹੋ ਕੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰੋ, ਪ੍ਰਭੂ ਆਪਣੇ ਭਗਤਾਂ ਨੂੰ ਵਿਕਾਰਾਂ ਤੋਂ ਬਚਾ ਲੈਂਦਾ ਹੈ ॥੧੮॥
3632	90	ਸਲੋਕ ਮਃ ੩॥		Salok Ma 3 ||	Shalok, Third Mehl:	
3633	90	ਆਪਣੇ ਪ੍ਰੀਤਮ ਮਿਲਿ ਰਹਾ ਅੰਤਰਿ ਰਖਾ ਉਰਿ ਧਾਰਿ॥		Aapanae Preetham Mil Rehaa Anthar Rakhaa Our Dhhaar ||	Oh, if only I could meet my Beloved, and keep Him enshrined deep within my heart!	(ਮਨ ਤਾਂਘਦਾ ਹੈ ਕਿ) ਆਪਣੇ ਪਿਆਰੇ ਨੂੰ (ਸਦਾ) ਮਿਲੀ ਰਹਾਂ, ਅੰਦਰ ਹਿਰਦੇ ਵਿਚ ਪਰੋ ਰੱਖਾਂ
3634	90	ਸਾਲਾਹੀ ਸੋ ਪ੍ਰਭ ਸਦਾ ਸਦਾ ਗੁਰ ਕੈ ਹੇਤਿ ਪਿਆਰਿ॥		Saalaahee So Prabh Sadhaa Sadhaa Gur Kai Haeth Piaar ||	I praise that God forever and ever, through love and affection for the Guru.	ਅਤੇ ਸਤਿਗੁਰੂ ਦੇ ਲਾਏ ਪ੍ਰੇਮ ਵਿਚ ਸਦਾ ਉਸ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦੀ ਰਹਾਂ।
3635	90	ਨਾਨਕ ਜਿਸੁ ਨਦਰਿ ਕਰੇ ਤਿਸੁ ਮੇਲਿ ਲਏ ਸਾਈ ਸੁਹਾਗਣਿ ਨਾਰਿ॥੧॥	ਸਾਂਈਂ ਜੀ ਦੀ ਸੁਹਾਗਣਿ	Naanak Jis Nadhar Karae This Mael Leae Saaee Suhaagan Naar ||1||	O Nanak, that one upon whom He bestows His Glance of Grace is united with Him; such a person is the true soul-bride of the Lord. ||1||	(ਪਰ) ਹੇ ਨਾਨਕ! ਜਿਸ ਵਲ (ਉਹ ਪਿਆਰਾ ਪਿਆਰ ਨਾਲ) ਤੱਕਦਾ ਹੈ, ਉਸ ਨੂੰ (ਹੀ ਆਪਣੇ ਨਾਲ) ਮੇਲਦਾ ਹੈ, ਤੇ ਉਹੋ ਇਸਤ੍ਰੀ ਜੀਊਂਦੇ ਸਾਂਈ ਵਾਲੀ (ਅਖਵਾਉਂਦੀ ਹੈ) ॥੧॥

3636	90	ਮਃ ੩॥		Ma 3 ||	Third Mehl:	
3637	90	ਗੁਰ ਸੇਵਾ ਤੇ ਹਰਿ ਪਾਈਐ ਜਾ ਕਉ ਨਦਰਿ ਕਰੇਇ॥		Gur Saevaa Thae Har Paaeeai Jaa Ko Nadhar Karaee ||	Serving the Guru, the Lord is obtained, when He bestows His Glance of Grace.	ਪ੍ਰਭੂ ਜਿਸ (ਜੀਵ) ਤੇ ਮਿਹਰ ਦੀ ਨਜ਼ਰ ਕਰਦਾ ਹੈ, ਉਹ (ਜੀਵ) ਸਤਿਗੁਰੂ ਦੀ ਦੱਸੀ ਕਾਰ ਕਰ ਕੇ ਪ੍ਰਭੂ ਨੂੰ ਮਿਲ ਪੈਂਦਾ ਹੈ।
3638	90	ਮਾਣਸ ਤੇ ਦੇਵਤੇ ਭਏ ਧਿਆਇਆ ਨਾਮੁ ਹਰੇ॥		Maanas Thae Dhaevathae Bheae Dhhiaaeiaa Naam Harae ||	They are transformed from humans into angels, meditating on the Naam, the Name of the Lord.	ਹਰੀ ਨਾਮ ਦਾ ਸਿਮਰਨ ਕਰ ਕੇ ਜੀਵ ਮਨੁੱਖ (-ਸੁਭਾਵ) ਤੋਂ ਦੇਵਤਾ ਬਣ ਜਾਂਦੇ ਹਨ।
3639	90	ਹਉਮੈ ਮਾਰਿ ਮਿਲਾਇਅਨੁ ਗੁਰ ਕੈ ਸਬਦਿ ਤਰੇ॥	ਮਿਲਾਇ-ਅਨੁ	Houmai Maar Milaaeian Gur Kai Sabadh Tharae ||	They conquer their egotism and merge with the Lord; they are saved through the Word of the Guru's Shabad.	ਜਿਨ੍ਹਾਂ ਦੀ ਹਉਮੈ ਦੂਰ ਕਰ ਕੇ ਉਸ ਪ੍ਰਭੂ ਨੇ ਆਪਣੇ ਨਾਲ ਮਿਲਾਇਆ ਹੈ, ਉਹ ਗੁਰੂ ਦੇ ਸ਼ਬਦ ਦੀ ਰਾਹੀਂ ਵਿਕਾਰਾਂ ਤੋਂ ਬਚ ਜਾਂਦੇ ਹਨ।
3640	90	ਨਾਨਕ ਸਹਜਿ ਸਮਾਇਅਨੁ ਹਰਿ ਆਪਣੀ ਕ੍ਰਿਪਾ ਕਰੇ॥੨॥	ਸਮਾਇ-ਅਨੁ	Naanak Sehaj Samaaeian Har Aapanee Kirapaa Karae ||2||	O Nanak, they merge imperceptibly into the Lord, who has bestowed His Favor upon them. ||2||	ਹੇ ਨਾਨਕ! ਪ੍ਰਭੂ ਨੇ ਆਪਣੀ ਮਿਹਰ ਕਰ ਕੇ ਉਹਨਾਂ ਨੂੰ ਅਡੋਲ ਅਵਸਥਾ ਵਿਚ ਟਿਕਾ ਦਿੱਤਾ ॥੨॥
3641	90	ਪਉੜੀ॥		Pourree ||	Pauree:	

3642	90	ਹਰਿ ਆਪਣੀ ਭਗਤਿ ਕਰਾਇ ਵਡਿਆਈ ਵੇਖਾਲੀਅਨੁ॥	ਵੇਖਾਲੀ-ਅਨੁ	Har Aapanee Bhagath Karaae Vaddiaaee Vaekhaaleean ||	The Lord Himself inspires us to worship Him; He reveals His Glorious Greatness.	ਪ੍ਰਭੂ ਨੇ (ਭਗਤਾਂ ਜਨਾਂ ਤੋਂ) ਆਪ ਹੀ ਆਪਣੀ ਭਗਤੀ ਕਰਾ ਕੇ (ਭਗਤੀ ਦੀ ਬਰਕਤਿ ਨਾਲ ਉਹਨਾਂ ਨੂੰ ਆਪਣੀ) ਵਡਿਆਈ ਵਿਖਾਲੀ ਹੈ।
3643	90	ਆਪਣੀ ਆਪਿ ਕਰੇ ਪਰਤੀਤਿ ਆਪੇ ਸੇਵ ਘਾਲੀਅਨੁ॥	ਘੱਾਲੀ-ਅਨੁ	Aapanee Aap Karae Paratheeth Aapae Saev Ghaaleean ||	He Himself inspires us to place our faith in Him. Thus He performs His Own Service.	ਪ੍ਰਭੂ (ਭਗਤਾਂ ਦੇ ਹਿਰਦੇ ਵਿਚ) ਆਪਣਾ ਭਰੋਸਾ ਆਪ (ਉਤਪੰਨ) ਕਰਦਾ ਹੈ ਤੇ ਉਹਨਾਂ ਤੋਂ ਆਪ ਹੀ ਸੇਵਾ ਉਸ ਨੇ ਕਰਾਈ ਹੈ।
3644	91	ਹਰਿ ਭਗਤਾ ਨੋ ਦੇਇ ਅਨੰਦੁ ਥਿਰੁ ਘਰੀ ਬਹਾਲਿਅਨੁ॥	ਬਹਾ-ਲਿਅਨੁ	Har Bhagathaa No Dhaee Anandh Thhir Gharee Behaalian ||	The Lord bestows bliss upon His devotees, and gives them a seat in the eternal home.	(ਭਗਤਾਂ ਨੂੰ ਆਪਣੇ ਭਜਨ ਦਾ) ਅਨੰਦ (ਭੀ) ਆਪ ਹੀ ਬਖ਼ਸ਼ਦਾ ਹੈ (ਤੇ ਇਸ ਤਰ੍ਹਾਂ ਉਹਨਾਂ ਨੂੰ) ਹਿਰਦੇ ਵਿਚ ਅਡੋਲ ਟਿਕਾ ਰੱਖਿਆ ਹੈ।
3645	91	ਪਾਪੀਆ ਨੋ ਨ ਦੇਈ ਥਿਰੁ ਰਹਣਿ ਚੁਣਿ ਨਰਕ ਘੋਰਿ ਚਾਲਿਅਨੁ॥		Paapeeaa No N Dhaeee Thhir Rehan Chun Narak Ghor Chaalian ||	He does not give the sinners any stability or place of rest; He consigns them to the depths of hell.	(ਪਰ) ਪਾਪੀਆਂ ਨੂੰ ਅਡੋਲ-ਚਿੱਤ ਨਹੀਂ ਰਹਿਣ ਦੇਂਦਾ, ਚੁਣ ਕੇ (ਉਹਨਾਂ ਨੂੰ) ਘੋਰ ਨਰਕ ਵਿਚ ਪਾ ਦਿੱਤਾ ਹੈ।

3646	91	ਹਰਿ ਭਗਤਾ ਨੋ ਦੇਇ ਪਿਆਰੁ ਕਰਿ ਅੰਗੁ ਨਿਸਤਾਰਿਅਨੁ॥੧੯॥		Har Bhagathaa No Dhaee Piaar Kar Ang Nisathaarian ||19||	The Lord blesses His devotees with His Love; He sides with them and saves them. ||19||	ਭਗਤ ਜਨਾਂ ਨੂੰ ਪਿਆਰ ਕਰਦਾ ਹੈ, (ਉਹਨਾਂ ਦਾ) ਪੱਖ ਕਰ ਕੇ ਉਸ ਨੇ ਆਪ ਉਹਨਾਂ ਨੂੰ (ਵਿਕਾਰਾਂ ਤੋਂ) ਬਚਾਇਆ ਹੈ ॥੧੯॥
3647	91	ਸਲੋਕ ਮਃ ੧॥		Salok Ma 1 ||	Shalok, First Mehl:	
3648	91	ਕੁਬੁਧਿ ਡੂਮਣੀ ਕੁਦਇਆ ਕਸਾਇਣਿ ਪਰ ਨਿੰਦਾ ਘਟ ਚੂਹੜੀ ਮੁਠੀ ਕ੍ਰੋਧਿ ਚੰਡਾਲਿ॥	(ਕਸਾਇ-ਣਿ) ਣਿ ਸਿਹਾਰੀ ਬੋਲੋ। ਕੁ-ਬੁੱਧਿ। ਕੁ-ਦਇਆ	Kubudhh Ddoomanee Kudhaeiaa Kasaaein Par Nindhaa Ghatt Chooharree Muthee Krodhh Chanddaal ||	False-mindedness is the drummer-woman; cruelty is the butcheress; slander of others in one's heart is the cleaning-woman, and deceitful anger is the outcast-woman.	ਭੈੜੀ ਮਤ (ਮਨੁੱਖ ਦੇ ਅੰਦਰ ਦੀ) ਮਿਰਾਸਣ ਹੈ, ਬੇ-ਤਰਸੀ ਕਸਾਇਣ ਹੈ, ਪਰਾਈ ਨਿੰਦਿਆ ਅੰਦਰ ਦੀ ਚੂਹੜੀ ਹੈ, ਤੇ ਕ੍ਰੋਧ ਚੰਡਾਲਣੀ (ਹੈ ਜਿਸ) ਨੇ (ਜੀਵ ਦੇ ਸ਼ਾਂਤ ਸੁਭਾਉ ਨੂੰ) ਠੱਗ ਰੱਖਿਆ ਹੈ।
3649	91	ਕਾਰੀ ਕਢੀ ਕਿਆ ਥੀਐ ਜਾਂ ਚਾਰੇ ਬੈਠੀਆ ਨਾਲਿ॥		Kaaree Kadtee Kiaa Thheeai Jaan Chaarae Baitheeaa Naal ||	What good are the ceremonial lines drawn around your kitchen, when these four are seated there with you?	ਜੇ ਇਹ ਚਾਰੇ ਅੰਦਰ ਹੀ ਬੈਠੀਆਂ ਹੋਣ, ਤਾਂ (ਬਾਹਰ ਚੌਕਾ ਸੁੱਚਾ ਰੱਖਣ ਲਈ) ਲਕੀਰਾਂ ਕੱਢਣ ਦਾ ਕੀਹ ਲਾਭ?

3650	91	ਸਚੁ ਸੰਜਮੁ ਕਰਣੀ ਕਾਰਾਂ ਨਾਵਣੁ ਨਾਉ ਜਪੇਹੀ॥	ਨ੍ਹਾਵਣ	Sach Sanjam Karanee Kaaraan Naavan Naao Japaehee ||	Make Truth your self-discipline, and make good deeds the lines you draw; make chanting the Name your cleansing bath.	ਜੋ ਮਨੁੱਖ 'ਸੱਚ' ਨੂੰ (ਚੌਕਾ ਸੁੱਚਾ ਕਰਨ ਦੀ) ਜੁਗਤਿ ਬਣਾਂਦੇ ਹਨ, ਉੱਚੇ ਆਚਰਨ ਨੂੰ (ਚੌਕੇ ਦੀਆਂ) ਲਕੀਰਾਂ ਬਣਾਂਦੇ ਹਨ, ਜੋ ਨਾਮ ਜਪਦੇ ਹਨ ਤੇ ਇਸ ਨੂੰ (ਤੀਰਥ) ਇਸ਼ਨਾਨ ਸਮਝਦੇ ਹਨ,
3651	91	ਨਾਨਕ ਅਗੈ ਊਤਮ ਸੇਈ ਜਿ ਪਾਪਾਂ ਪੰਦਿ ਨ ਦੇਹੀ॥੧॥		Naanak Agai Ootham Saeee J Paapaan Pandh N Dhaehee ||1||	O Nanak, those who do not walk in the ways of sin, shall be exalted in the world hereafter. ||1||	ਹੇ ਨਾਨਕ! ਜੋ ਹੋਰਨਾਂ ਨੂੰ ਭੀ ਪਾਪਾਂ ਵਾਲੀ ਸਿੱਖਿਆ ਨਹੀਂ ਦੇਂਦੇ, ਉਹ ਮਨੁੱਖ ਪ੍ਰਭੂ ਦੀ ਹਜ਼ੂਰੀ ਵਿਚ ਚੰਗੇ ਗਿਣੇ ਜਾਂਦੇ ਹਨ ॥੧॥
3652	91	ਮਃ ੧॥		Ma 1 ||	First Mehl:	
3653	91	ਕਿਆ ਹੰਸੁ ਕਿਆ ਬਗੁਲਾ ਜਾ ਕਉ ਨਦਰਿ ਕਰੇਇ॥		Kiaa Hans Kiaa Bagulaa Jaa Ko Nadhar Karaee ||	Which is the swan, and which is the crane? It is only by His Glance of Grace.	ਜਿਸ ਵੱਲ (ਪ੍ਰਭੂ) ਪਿਆਰ ਨਾਲ ਤੱਕੇ ਉਸ ਦਾ ਬਗੁਲਾ (-ਪਨ, ਭਾਵ, ਪਖੰਡ ਦੂਰ ਹੋਣਾ) ਕੀਹ ਔਖਾ ਹੈ ਤੇ ਉਸ ਦਾ ਹੰਸ (ਭਾਵ, ਉੱਜਲ-ਮਤਿ ਬਣਨਾ ਕੀਹ (ਮੁਸ਼ਕਿਲ ਹੈ)?
3654	91	ਜੋ ਤਿਸੁ ਭਾਵੈ ਨਾਨਕਾ ਕਾਗਹੁ ਹੰਸੁ ਕਰੇਇ॥੨॥		Jo This Bhaavai Naanakaa Kaagahu Hans Karaee ||2||	Whoever is pleasing to Him, O Nanak, is transformed from a crow into a swan. ||2||	ਹੇ ਨਾਨਕ! ਜੇ ਪ੍ਰਭੂ ਚਾਹੇ (ਤਾਂ ਉਹ ਬਾਹਰੋਂ ਚੰਗੇ ਦਿੱਸਣ ਵਾਲੇ ਨੂੰ ਤਾਂ ਕਿਤੇ ਰਿਹਾ) ਕਾਂ ਨੂੰ ਭੀ (ਭਾਵ, ਅੰਦਰੋਂ ਗੰਦੇ ਆਚਰਨ ਵਾਲੇ ਨੂੰ ਭੀ ਉੱਜਲ-ਬੁਧਿ) ਹੰਸ ਬਣਾ ਦੇਂਦਾ ਹੈ ॥੨॥
3655	91	ਪਉੜੀ॥		Pourree ||	Pauree:	

3656	91	ਕੀਤਾ ਲੋੜੀਐ ਕੰਮੁ ਸੁ ਹਰਿ ਪਹਿ ਆਖੀਐ॥		Keethaa Lorreeai Kanm S Har Pehi Aakheeai ||	Whatever work you wish to accomplish-tell it to the Lord.	ਜੇਹੜਾ ਕੰਮ ਤੋੜ ਚਾੜ੍ਹਨ ਦੀ ਇੱਛਾ ਹੋਵੇ, ਉਸਦੀ (ਪੂਰਨਤਾ ਲਈ) ਪ੍ਰਭੂ ਕੋਲ ਬੇਨਤੀ ਕਰਨੀ ਚਾਹੀਦੀ ਹੈ।
3657	91	ਕਾਰਜੁ ਦੇਇ ਸਵਾਰਿ ਸਤਿਗੁਰ ਸਚੁ ਸਾਖੀਐ॥	ਦੇ-ਇ	Kaaraj Dhaee Savaar Sathigur Sach Saakheeai ||	He will resolve your affairs; the True Guru gives His Guarantee of Truth.	(ਇਸ ਤਰ੍ਹਾਂ) ਸਤਿਗੁਰੂ ਦੀ ਸਿੱਖਿਆ ਦੀ ਰਾਹੀਂ ਸਦਾ-ਥਿਰ ਪ੍ਰਭੂ ਕਾਰਜ ਸਵਾਰ ਦੇਂਦਾ ਹੈ।
3658	91	ਸੰਤਾ ਸੰਗਿ ਨਿਧਾਨੁ ਅੰਮ੍ਰਿਤੁ ਚਾਖੀਐ॥		Santhaa Sang Nidhhaan Anmrith Chaakheeai ||	In the Society of the Saints, you shall taste the treasure of the Ambrosial Nectar.	ਸੰਤਾਂ ਦੀ ਸੰਗਤਿ ਵਿਚ ਨਾਮ-ਖ਼ਜ਼ਾਨਾ ਮਿਲਦਾ ਹੈ, ਤੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਚੱਖ ਸਕੀਦਾ ਹੈ।
3659	91	ਭੈ ਭੰਜਨ ਮਿਹਰਵਾਨ ਦਾਸ ਕੀ ਰਾਖੀਐ॥		Bhai Bhanjan Miharavaan Dhaas Kee Raakheeai ||	The Lord is the Merciful Destroyer of fear; He preserves and protects His slaves.	(ਸੋ ਇਹ ਬੇਨਤੀ ਕਰਨੀ ਚਾਹੀਦੀ ਹੈ ਕਿ) ਹੇ ਡਰ ਨਾਸ ਕਰਨ ਵਾਲੇ ਤੇ ਦਇਆ ਕਰਨ ਵਾਲੇ ਹਰੀ! ਦਾਸ ਦੀ ਲਾਜ ਰੱਖ ਲੈ।
3660	91	ਨਾਨਕ ਹਰਿ ਗੁਣ ਗਾਇ ਅਲਖੁ ਪ੍ਰਭੁ ਲਾਖੀਐ॥੨੦॥	ਅ-ਲਖੁ: ਪੋਲਾ ਬੋਲੋ	Naanak Har Gun Gaae Alakh Prabh Laakheeai ||20||	O Nanak, sing the Glorious Praises of the Lord, and see the Unseen Lord God. ||20||	ਹੇ ਨਾਨਕ! (ਇਸ ਤਰ੍ਹਾਂ) ਪ੍ਰਭੂ ਦੀ ਸਿਫ਼ਤ-ਸਾਲਾਹ ਕੀਤਿਆਂ ਅਲੱਖ ਪ੍ਰਭੂ ਨਾਲ ਸਾਂਝ ਪਾ ਲਈਦੀ ਹੈ ॥੨੦॥
3661	91	ਸਲੋਕ ਮਃ ੩॥		Salok Ma 3 ||	Shalok, Third Mehl:	
3662	91	ਜੀਉ ਪਿੰਡੁ ਸਭੁ ਤਿਸ ਕਾ ਸਭਸੈ ਦੇਇ ਅਧਾਰੁ॥		Jeeo Pindd Sabh This Kaa Sabhasai Dhaee Adhhaar ||	Body and soul, all belong to Him. He gives His Support to all.	ਜੋ ਹਰੀ ਸਭ ਜੀਵਾਂ ਨੂੰ ਧਰਵਾਸ ਦੇਂਦਾ ਹੈ, ਇਹ ਜਿੰਦ ਤੇ ਸਰੀਰ ਸਭ ਕੁਝ ਉਸੇ ਦਾ (ਦਿੱਤਾ ਹੋਇਆ) ਹੈ।

3663	91	ਨਾਨਕ ਗੁਰਮੁਖਿ ਸੇਵੀਐ ਸਦਾ ਸਦਾ ਦਾਤਾਰੁ॥		Naanak Guramukh Saeveeai Sadhaa Sadhaa Dhaathaar ||	O Nanak, become Gurmukh and serve Him, who is forever and ever the Giver.	ਹੇ ਨਾਨਕ! ਗੁਰੂ ਦੇ ਸਨਮੁਖ ਰਹਿ ਕੇ (ਐਸੇ) ਦਾਤਾਰ ਦੀ ਨਿੱਤ ਸੇਵਾ ਕਰਨੀ ਚਾਹੀਦੀ ਹੈ।
3664	91	ਹਉ ਬਲਿਹਾਰੀ ਤਿਨ ਕਉ ਜਿਨਿ ਧਿਆਇਆ ਹਰਿ ਨਿਰੰਕਾਰੁ॥		Ho Balihaaree Thin Ko Jin Dhhiaaeiaa Har Nirankaar ||	I am a sacrifice to those who meditate on the Formless Lord.	ਸਦਕੇ ਹਾਂ ਉਹਨਾਂ ਤੋਂ, ਜਿਨ੍ਹਾਂ ਨੇ ਨਿਰੰਕਾਰ ਹਰੀ ਦਾ ਸਿਮਰਨ ਕੀਤਾ ਹੈ।
3665	91	ਓਨਾ ਕੇ ਮੁਖ ਸਦ ਉਜਲੇ ਓਨਾ ਨੋ ਸਭੁ ਜਗਤੁ ਕਰੇ ਨਮਸਕਾਰੁ॥੧॥	ਜੱਗ-ਤੁ	Ounaa Kae Mukh Sadh Oujalae Ounaa No Sabh Jagath Karae Namasakaar ||1||	Their faces are forever radiant, and the whole world bows in reverence to them. ||1||	ਉਹਨਾਂ ਦੇ ਮੂੰਹ ਸਦਾ ਖਿੜੇ (ਰਹਿੰਦੇ ਹਨ) ਤੇ ਸਾਰਾ ਸੰਸਾਰ ਉਹਨਾਂ ਅੱਗੇ ਸਿਰ ਨਿਵਾਉਂਦਾ ਹੈ ॥੧॥
3666	91	ਮਃ ੩॥		Ma 3 ||	Third Mehl:	
3667	91	ਸਤਿਗੁਰ ਮਿਲਿਐ ਉਲਟੀ ਭਈ ਨਵ ਨਿਧਿ ਖਰਚਿਉ ਖਾਉ॥		Sathigur Miliai Oulattee Bhee Nav Nidhh Kharachio Khaao ||	Meeting the True Guru, I am totally transformed; I have obtained the nine treasures to use and consume.	ਜੇ ਗੁਰੂ ਮਿਲ ਪਏ, ਤਾਂ ਮਨੁੱਖ ਦੀ ਸੁਰਤ ਮਾਇਆ ਵਲੋਂ ਹਟ ਜਾਂਦੀ ਹੈ (ਐਸੇ ਮਨੁੱਖ ਨੂੰ) ਖਾਣ-ਖਰਚਣ ਲਈ, ਮਾਨੋ, ਜਗਤ ਦੀ ਸਾਰੀ ਹੀ ਮਾਇਆ ਮਿਲ ਜਾਂਦੀ ਹੈ।

3668	91	ਅਠਾਰਹ ਸਿਧੀ ਪਿਛੈ ਲਗੀਆ ਫਿਰਨਿ ਨਿਜ ਘਰਿ ਵਸੈ ਨਿਜ ਥਾਇ॥		Athaareh Sidhhee Pishhai Lageeaa Firan Nij Ghar Vasai Nij Thhaae ||	The Siddhis-the eighteen supernatural spiritual powers-follow in my footsteps; I dwell in my own home, within my own self.	ਅਠਾਰਾਂ (ਹੀ) ਸਿੱਧੀਆਂ (ਭਾਵ, ਆਤਮਕ ਸ਼ਕਤੀਆਂ) ਉਸ ਦੇ ਪਿੱਛੇ ਲੱਗੀਆਂ ਫਿਰਦੀਆਂ ਹਨ (ਪਰ ਉਹ ਪਰਵਾਹ ਨਹੀਂ ਕਰਦਾ ਤੇ) ਆਪਣੇ ਹਿਰਦੇ ਵਿਚ ਅਡੋਲ ਰਹਿੰਦਾ ਹੈ।
3669	91	ਅਨਹਦ ਧੁਨੀ ਸਦ ਵਜਦੇ ਉਨਮਨਿ ਹਰਿ ਲਿਵ ਲਾਇ॥	(ਉਨਮਨਿ) ਵਿਆਪਕ ਬ੍ਰਹਮਜੀ। ਵੱਜਦੇ	Anehadh Dhhunee Sadh Vajadhae Ounaman Har Liv Laae ||	The Unstruck Melody constantly vibrates within; my mind is exalted and uplifted-I am lovingly absorbed in the Lord.	ਸਹਜ ਸੁਭਾਇ ਇਕ-ਰਸ ਉਸ ਦੇ ਅੰਦਰ ਸਿਮਰਨ ਦੀ ਰੌ ਚਲਦੀ ਰਹਿੰਦੀ ਹੈ ਤੇ ਪਿਆਰ ਦੀ ਤਾਂਘ ਵਿਚ ਉਹ ਹਰੀ ਨਾਲ ਬਿਰਤੀ ਜੋੜੀ ਰੱਖਦਾ ਹੈ।
3670	91	ਨਾਨਕ ਹਰਿ ਭਗਤਿ ਤਿਨਾ ਕੈ ਮਨਿ ਵਸੈ ਜਿਨ ਮਸਤਕਿ ਲਿਖਿਆ ਧੁਰਿ ਪਾਇ॥੨॥		Naanak Har Bhagath Thinaa Kai Man Vasai Jin Masathak Likhiaa Dhhur Paae ||2||	O Nanak, devotion to the Lord abides within the minds of those who have such pre-ordained destiny written on their foreheads. ||2||	ਹੇ ਨਾਨਕ! ਹਰੀ ਦੀ (ਇਹੋ ਜਿਹੀ) ਭਗਤੀ ਉਹਨਾਂ ਦੇ ਹਿਰਦੇ ਵਿਚ ਵੱਸਦੀ ਹੈ ਜਿਨ੍ਹਾਂ ਦੇ ਮਸਤਕ ਤੇ (ਪਿਛਲੇ ਭਗਤੀ ਭਾਵ ਵਾਲੇ ਕੀਤੇ ਕੰਮਾਂ ਦੇ ਸੰਸਕਾਰਾਂ ਅਨੁਸਾਰ) ਧੁਰ ਤੋਂ (ਭਗਤੀ ਵਾਲੇ ਸੰਸਕਾਰ) ਲਿਖੇ ਪਏ ਹਨ ॥੨॥
3671	91	ਪਉੜੀ॥		Pourree ||	Pauree:	

3672	91	ਹਉ ਢਾਢੀ ਹਰਿ ਪ੍ਰਭ ਖਸਮ ਕਾ ਹਰਿ ਕੈ ਦਰਿ ਆਇਆ॥		Ho Dtaadtee Har Prabh Khasam Kaa Har Kai Dhar Aaeiaa ||	I am a minstrel of the Lord God, my Lord and Master; I have come to the Lord's Door.	ਮੈਂ ਪ੍ਰਭੂ ਖਸਮ ਦਾ ਢਾਢੀ ਪ੍ਰਭੂ ਦੇ ਦਰ ਤੇ ਅੱਪੜਿਆ।
3673	91	ਹਰਿ ਅੰਦਰਿ ਸੁਣੀ ਪੂਕਾਰ ਢਾਢੀ ਮੁਖਿ ਲਾਇਆ॥		Har Andhar Sunee Pookaar Dtaadtee Mukh Laaeiaa ||	The Lord has heard my sad cries from within; He has called me, His minstrel, into His Presence.	ਪ੍ਰਭੂ ਦੇ ਦਰਬਾਰ ਵਿਚ ਮੇਰੀ ਢਾਢੀ ਦੀ ਪੁਕਾਰ ਸੁਣੀ ਗਈ ਤੇ ਮੈਨੂੰ ਦਰਸਨ ਪਰਾਪਤ ਹੋਇਆ।
3674	91	ਹਰਿ ਪੁਛਿਆ ਢਾਢੀ ਸਦਿ ਕੈ ਕਿਤੁ ਅਰਥਿ ਤੂੰ ਆਇਆ॥	ਸੱਦਿ	Har Pushhiaa Dtaadtee Sadh Kai Kith Arathh Thoon Aaeiaa ||	The Lord called His minstrel in, and asked, ""Why have you come here?""	ਮੈਨੂੰ ਢਾਢੀ ਨੂੰ ਹਰੀ ਸੱਦ ਕੇ, ਪੁੱਛਿਆ, ਹੇ ਢਾਢੀ! ਤੂੰ ਕਿਸ ਕੰਮ ਆਇਆ ਹੈਂ?
3675	91	ਨਿਤ ਦੇਵਹੁ ਦਾਨੁ ਦਇਆਲ ਪ੍ਰਭ ਹਰਿ ਨਾਮੁ ਧਿਆਇਆ॥		Nith Dhaevahu Dhaan Dhaeiaal Prabh Har Naam Dhhiaaeiaa ||	"O Merciful God, please grant me the gift of continual meditation on the Lord's Name."	(ਮੈਂ ਬੇਨਤੀ ਕੀਤੀ) 'ਹੇ ਦਇਆਲ ਪ੍ਰਭੂ! ਸਦਾ (ਇਹੀ ਦਾਨ ਬਖ਼ਸ਼ੋ ਕਿ) ਤੇਰੇ ਨਾਮ ਦਾ ਸਿਮਰਨ ਕਰਾਂ।'

3676	91	ਹਰਿ ਦਾਤੈ ਹਰਿ ਨਾਮੁ ਜਪਾਇਆ ਨਾਨਕੁ ਪੈਨਾਇਆ॥੨੧॥੧॥ ਸੁਧੁ	ਪੈਨ੍ਹਾਇਆ-ਸੁੱਧੁ	Har Dhaathai Har Naam Japaaeiaa Naanak Painaaeiaa ||21||1|| Sudhhu	And so the Lord, the Great Giver, inspired Nanak to chant the Lord's Name, and blessed him with robes of honor. ||21||1||Sudh||	(ਬੇਨਤੀ ਸੁਣ ਕੇ) ਦਾਤਾਰ ਹਰੀ ਨੇ ਆਪਣਾ ਨਾਮ ਮੈਥੋਂ ਜਪਾਇਆ ਅਤੇ ਮੈਨੂੰ ਨਾਨਕ ਨੂੰ ਵਡਿਆਈ (ਭੀ) ਦਿੱਤੀ ॥੨੧॥੧॥ਸੁਧੁ॥
3677	91	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	
3678	91	ਸਿਰੀਰਾਗੁ॥ਕਬੀਰ ਜੀਉ ਕਾ॥ ਏਕੁ ਸੁਆਨੁ ਕੈ ਘਰਿ ਗਾਵਣਾ॥		Sireeraag Kabeer Jeeo Kaa || Eaek Suaan Kai Ghar Gaavanaa	Siree Raag, Kabeer Jee: To Be Sung To The Tune Of ""Ayk Su-Aan"" :	
3679	91	ਜਨਨੀ ਜਾਨਤ ਸੁਤੁ ਬਡਾ ਹੋਤੁ ਹੈ ਇਤਨਾਕੁ ਨ ਜਾਨੈ ਜਿ ਦਿਨ ਦਿਨ ਅਵਧ ਘਟਤੁ ਹੈ॥	ਇਤਨਾ-ਕੁ। ਅਵ-ਧ: ਪੋਲੇ ਬੋਲੋ	Jananee Jaanath Suth Baddaa Hoth Hai Eithanaa K N Jaanai J Dhin Dhin Avadhh Ghattath Hai ||	The mother thinks that her son is growing up; she does not understand that, day by day, his life is diminishing.	ਮਾਂ ਸਮਝਦੀ ਹੈ ਕਿ ਮੇਰਾ ਪੁੱਤਰ ਵੱਡਾ ਹੋ ਰਿਹਾ ਹੈ, ਪਰ ਉਹ ਏਨੀ ਗੱਲ ਨਹੀਂ ਸਮਝਦੀ ਕਿ ਜਿਉਂ ਜਿਉਂ ਦਿਨ ਬੀਤ ਰਹੇ ਹਨ ਇਸ ਦੀ ਉਮਰ ਘਟ ਰਹੀ ਹੈ।

3680	91	ਮੋਰ ਮੋਰ ਕਰਿ ਅਧਿਕ ਲਾਡੁ ਧਰਿ ਪੇਖਤ ਹੀ ਜਮਰਾਉ ਹਸੈ॥੧॥	ਹੱਸੈ	Mor Mor Kar Adhhik Laadd Dhhar Paekhath Hee Jamaraao Hasai ||1||	Calling him, ""Mine, mine"", she fondles him lovingly, while the Messenger of Death looks on and laughs. ||1||	ਉਹ ਇਉਂ ਆਖਦੀ ਹੈ "ਇਹ ਮੇਰਾ ਪੁੱਤਰ ਹੈ, ਇਹ ਮੇਰਾ ਪੁੱਤਰ" (ਤੇ ਉਸ ਨਾਲ) ਬੜਾ ਲਾਡ ਕਰਦੀ ਹੈ; (ਮਾਂ ਦੀ ਇਸ ਮਮਤਾ ਨੂੰ) ਵੇਖ ਵੇਖ ਕੇ ਜਮਰਾਜ ਹੱਸਦਾ ਹੈ ॥੧॥
3681	92	ਐਸਾ ਤੈਂ ਜਗੁ ਭਰਮਿ ਲਾਇਆ॥	ਹੇ ਜੱਗੁ! ਤੈਂ ਐਸਾ ਭਰਮ,ਅਪਨੇ ਆਪ ਨੂੰ ਲਾਇਆ ਹੈ,ਜੈਸਾ ਸਬਦ ਚ ਕਿਹਾ ਹੈ	Aisaa Thain Jag Bharam Laaeiaa ||	You have misled the world so deeply in doubt.	(ਹੇ ਪ੍ਰਭੂ!) ਇਸ ਤਰ੍ਹਾਂ ਤੂੰ ਜਗਤ ਨੂੰ ਭੁਲੇਖੇ ਵਿਚ ਪਾਇਆ ਹੋਇਆ ਹੈ।
3682	92	ਕੈਸੇ ਬੂਝੈ ਜਬ ਮੋਹਿਆ ਹੈ ਮਾਇਆ॥੧॥ਰਹਾਉ ॥		Kaisae Boojhai Jab Mohiaa Hai Maaeiaa ||1|| Rehaao ||	How can people understand You, when they are entranced by Maya? ||1||Pause||	ਮਾਇਆ ਦੇ ਠੱਗੇ ਹੋਏ (ਜੀਵ) ਨੂੰ ਇਹ ਸਮਝ ਹੀ ਨਹੀਂ ਆਉਂਦੀ (ਕਿ ਮੈਂ ਭੁਲੇਖੇ ਵਿਚ ਫਸਿਆ ਪਿਆ ਹਾਂ) ॥੧॥ ਰਹਾਉ ॥
3683	92	ਕਹਤ ਕਬੀਰ ਛੋਡਿ ਬਿਖਿਆ ਰਸ ਇਤੁ ਸੰਗਤਿ ਨਿਹਚਉ ਮਰਣਾ॥		Kehath Kabeer Shhodd Bikhiaa Ras Eith Sangath Nihacho Maranaa ||	Says Kabeer, give up the pleasures of corruption, or else you will surely die of them.	ਕਬੀਰ ਆਖਦਾ ਹੈ-ਹੇ ਪ੍ਰਾਣੀ! ਮਾਇਆ ਦੇ ਚਸਕੇ ਛੱਡ ਦੇਹ, ਇਹਨਾਂ ਰਸਾਂ ਦੇ ਬਹਿਣੇ ਬੈਠਿਆਂ ਜ਼ਰਰੂ ਆਤਮਕ ਮੌਤ ਹੁੰਦੀ ਹੈ (ਭਾਵ, ਆਤਮਾ ਮੁਰਦਾ ਹੋ ਜਾਂਦਾ ਹੈ);

3684	92	ਰਮਈਆ ਜਪਹੁ ਪ੍ਰਾਣੀ ਅਨਤ ਜੀਵਣ ਬਾਣੀ ਇਨ ਬਿਧਿ ਭਵ ਸਾਗਰੁ ਤਰਣਾ॥੨॥	ਰ-ਮਈਆ। ਅਨਤ, ਬਿਧਿ: ਪੋਲੇ ਬੋਲੋ (ਦੂਜਾ ਪਾਠ: ਅਨ ਤਜੀਵਣ)	Rameeaa Japahu Praanee Anath Jeevan Baanee Ein Bidhh Bhav Saagar Tharanaa ||2||	Meditate on the Lord, O mortal being, through the Word of His Bani; you shall be blessed with eternal life. In this way, shall you cross over the terrifying world-ocean. ||2||	(ਪ੍ਰਭੂ ਦੇ ਭਜਨ ਵਾਲੀ ਇਹ) ਬਾਣੀ (ਮਨੁੱਖ ਨੂੰ) ਅਟੱਲ ਜੀਵਨ ਬਖ਼ਸ਼ਦੀ ਹੈ; ਇਸ ਤਰ੍ਹਾਂ ਸੰਸਾਰ-ਸਮੁੰਦਰ ਨੂੰ ਤਰ ਜਾਈਦਾ ਹੈ ॥੨॥
3685	92	ਜਾਂ ਤਿਸੁ ਭਾਵੈ ਤਾ ਲਾਗੈ ਭਾਉ॥		Jaan This Bhaavai Thaa Laagai Bhaao ||	As it pleases Him, people embrace love for the Lord,	(ਪਰ) ਜੇ ਉਸ ਪ੍ਰਭੂ ਨੂੰ ਭਾਵੇ ਤਾਂ ਹੀ (ਜੀਵ ਦਾ) ਪਿਆਰ ਉਸ ਨਾਲ ਪੈਂਦਾ ਹੈ,
3686	92	ਭਰਮੁ ਭੁਲਾਵਾ ਵਿਚਹੁ ਜਾਇ॥		Bharam Bhulaavaa Vichahu Jaae ||	And doubt and delusion are dispelled from within.	ਤੇ (ਇਸ ਦੇ) ਮਨ ਵਿਚੋਂ ਭਰਮ ਤੇ ਭੁਲੇਖਾ ਦੂਰ ਹੁੰਦਾ ਹੈ।
3687	92	ਉਪਜੈ ਸਹਜੁ ਗਿਆਨ ਮਤਿ ਜਾਗੈ॥		Oupajai Sehaj Giaan Math Jaagai ||	Intuitive peace and poise well up within, and the intellect is awakened to spiritual wisdom.	(ਜੀਵ ਦੇ ਅੰਦਰ) ਅਡੋਲਤਾ ਦੀ ਹਾਲਤ ਪੈਦਾ ਹੁੰਦੀ ਹੈ, ਗਿਆਨ ਵਾਲੀ ਬੁੱਧ ਪਰਗਟ ਹੋ ਜਾਂਦੀ ਹੈ,
3688	92	ਗੁਰ ਪ੍ਰਸਾਦਿ ਅੰਤਰਿ ਲਿਵ ਲਾਗੈ॥੩॥		Gur Prasaadh Anthar Liv Laagai ||3||	By Guru's Grace, the inner being is touched by the Lord's Love. ||3||	ਅਤੇ ਗੁਰੂ ਦੀ ਮਿਹਰ ਨਾਲ ਇਸ ਦੇ ਹਿਰਦੇ ਵਿਚ ਪ੍ਰਭੂ ਨਾਲ ਜੋੜ ਜੁੜ ਜਾਂਦਾ ਹੈ ॥੩॥
3689	92	ਇਤੁ ਸੰਗਤਿ ਨਾਹੀ ਮਰਣਾ॥		Eith Sangath Naahee Maranaa ||	In this association, there is no death.	ਪ੍ਰਭੂ ਨਾਲ ਚਿੱਤ ਜੋੜਿਆਂ ਆਤਮਕ ਮੌਤ ਨਹੀਂ ਹੁੰਦੀ,

3690	92	ਹੁਕਮੁ ਪਛਾਣਿ ਤਾ ਖਸਮੈ ਮਿਲਣਾ॥੧॥ਰਹਾਉ ਦੂਜਾ॥		Hukam Pashhaan Thaa Khasamai Milanaa ||1|| Rehaao Dhoojaa ||	Recognizing the Hukam of His Command, you shall meet with your Lord and Master. ||1||Second Pause||	(ਕਿਉਂਕਿ ਜਿਉਂ ਜਿਉਂ ਜੀਵ ਪ੍ਰਭੂ ਦੇ) ਹੁਕਮ ਨੂੰ ਪਛਾਣਦਾ ਹੈ, ਤਾਂ ਪ੍ਰਭੂ ਨਾਲ ਇਸ ਦਾ ਮਿਲਾਪ ਹੋ ਜਾਂਦਾ ਹੈ ॥੧॥ਰਹਾਉ ਦੂਜਾ॥
3691	92	ਸਿਰੀਰਾਗੁ ਤ੍ਰਿਲੋਚਨ ਕਾ॥		Sireeraag Thrilochan Kaa ||	Siree Raag, Trilochan:	
3692	92	ਮਾਇਆ ਮੋਹੁ ਮਨਿ ਆਗਲੜਾ ਪ੍ਰਾਣੀ ਜਰਾ ਮਰਣੁ ਭਉ ਵਿਸਰਿ ਗਇਆ॥	ਆਗਲ-ੜਾ: ਪੋਲਾ ਬੋਲੋ।ਗ-ਇਆ	Maaeiaa Mohu Man Aagalarraa Praanee Jaraa Maran Bho Visar Gaeiaa ||	The mind is totally attached to Maya; the mortal has forgotten his fear of old age and death.	ਹੇ ਪ੍ਰਾਣੀ! ਤੇਰੇ ਮਨ ਵਿਚ ਮਾਇਆ ਦਾ ਮੋਹ ਬਹੁਤ (ਜ਼ੋਰਾਂ ਵਿਚ) ਹੈ; ਤੈਨੂੰ ਇਹ ਡਰ ਨਹੀਂ ਰਿਹਾ ਕਿ ਬੁਢੇਪਾ ਆਉਣਾ ਹੈ, ਮੌਤ ਆਉਣੀ ਹੈ।
3693	92	ਕੁਟੰਬੁ ਦੇਖਿ ਬਿਗਸਹਿ ਕਮਲਾ ਜਿਉ ਪਰ ਘਰਿ ਜੋਹਹਿ ਕਪਟ ਨਰਾ॥੧॥	ਬਿਗਸ-ਹਿ, ਕਮਲ਼ਾ, ਜੋਹ-ਹਿ	Kuttanb Dhaekh Bigasehi Kamalaa Jio Par Ghar Johehi Kapatt Naraa ||1||	Gazing upon his family, he blossoms forth like the lotus flower; the deceitful person watches and covets the homes of others. ||1||	ਹੇ ਖੋਟੇ ਮਨੁੱਖ! ਤੂੰ ਆਪਣੇ ਪਰਵਾਰ ਨੂੰ ਵੇਖ ਕੇ ਇਉਂ ਖਿੜਦਾ ਹੈਂ ਜਿਵੇਂ ਕਉਲ ਫੁੱਲ (ਸੂਰਜ ਨੂੰ ਵੇਖ ਕੇ), ਤੂੰ ਪਰਾਏ ਘਰ ਵਿਚ ਤੱਕਦਾ ਫਿਰਦਾ ਹੈਂ ॥੧॥
3694	92	ਦੂੜਾ ਆਇਓਹਿ ਜਮਹਿ ਤਣਾ॥	(ਦੂੜਾ) ਧੌਲ਼ਾ ਜਮ ਦਾ ਸੁਨੇਹਾ।ਆਇਓਹਿ	Dhoorraa Aaeiouhi Jamehi Thanaa ||	When the powerful Messenger of Death comes,	ਜਮਦੂਤ ਵਗਾਤੱਗ ਆ ਰਹੇ ਹਨ,

3695	92	ਤਿਨ ਆਗਲੜੈਮੈ ਰਹਣੁ ਨ ਜਾਇ॥	(ਆਗਲ-ੜੈ-ਮੈ) ਸਾਹਮਣੇ	Thin Aagalarrai Mai Rehan N Jaae ||	No one can stand against his awesome power.	ਉਹਨਾਂ ਦੇ ਸਾਮ੍ਹਣੇ ਮੈਥੋਂ (ਪਲ ਮਾਤ੍ਰ ਭੀ) ਅਟਕਿਆ ਨਹੀਂ ਜਾ ਸਕੇਗਾ।
3696	92	ਕੋਈ ਕੋਈ ਸਾਜਣੁ ਆਇ ਕਹੈ॥		Koee Koee Saajan Aae Kehai ||	Rare, very rare, is that friend who comes and says,	ਕੋਈ ਵਿਰਲਾ ਸੰਤ ਜਨ (ਜਗਤ ਵਿਚ) ਆ ਕੇ ਇਉਂ ਬੇਨਤੀ ਕਰਦਾ ਹੈ-
3697	92	ਮਿਲੁ ਮੇਰੇ ਬੀਠੁਲਾ ਲੈ ਬਾਹੜੀ ਵਲਾਇ॥	ਬੀਠੁਲਾ: ਵਾਹਿਗੁਰੂ ਸਤਿਗੁਰੂ ਦਸੇ ਪਾਤਿਸਾਹ ਜੀ	Mil Maerae Beethulaa Lai Baaharree Valaae ||	"O my Beloved, take me into Your Embrace!	ਹੇ ਪ੍ਰਭੂ! ਮੈਨੂੰ ਮਿਲ, ਮੈਨੂੰ (ਮਾਇਆ ਦੇ ਮੋਹ ਤੋਂ) ਛਡਾ ਲੈ ॥੧॥ ਰਹਾਉ ॥
3698	92	ਮਿਲੁ ਮੇਰੇ ਰਮਈਆ ਮੈ ਲੇਹਿ ਛਡਾਇ॥੧॥ਰਹਾਉ॥	ਰ-ਮਈਆ	Mil Maerae Rameeaa Mai Laehi Shhaddaae ||1|| Rehaao ||	O my Lord, please save me!"||1||Pause||	
3699	92	ਅਨਿਕ ਅਨਿਕ ਭੋਗ ਰਾਜ ਬਿਸਰੇ ਪ੍ਰਾਣੀ ਸੰਸਾਰ ਸਾਗਰ ਪੈ ਅਮਰੁ ਭਇਆ॥	(ਪੈ) ਵਿੱਚ	Anik Anik Bhog Raaj Bisarae Praanee Sansaar Saagar Pai Amar Bhaeiaa ||	Indulging in all sorts of princely pleasures, O mortal, you have forgotten God; you have fallen into the world-ocean, and you think that you have become immortal.	ਹੇ ਪ੍ਰਾਣੀ! ਮਾਇਆ ਦੇ ਅਨੇਕ ਭੋਗਾਂ ਤੇ ਪ੍ਰਤਾਪ ਦੇ ਕਾਰਨ ਤੂੰ (ਪ੍ਰਭੂ ਨੂੰ) ਭੁਲਾ ਬੈਠਾ ਹੈਂ, (ਤੂੰ ਸਮਝਦਾ ਹੈਂ ਕਿ) ਇਸ ਸੰਸਾਰ-ਸਮੁੰਦਰ ਵਿਚ (ਮੈਂ) ਸਦਾ ਕਾਇਮ ਰਹਾਂਗਾ।

3700	92	ਮਾਇਆ ਮੂਠਾ ਚੇਤਸਿ ਨਾਹੀ ਜਨਮੁ ਗਵਾਇਓ ਆਲਸੀਆ॥੨॥		Maaeiaa Moothaa Chaethas Naahee Janam Gavaaeiou Aalaseeaa ||2||	Cheated and plundered by Maya, you do not think of God, and you waste your life in laziness. ||2||	ਮਾਇਆ ਦਾ ਠੱਗਿਆ ਹੋਇਆ ਤੂੰ (ਪ੍ਰਭੂ ਨੂੰ) ਨਹੀਂ ਸਿਮਰਦਾ। ਹੇ ਆਲਸੀ ਮਨੁੱਖ! ਤੂੰ ਆਪਣਾ ਜਨਮ ਅਜਾਈਂ ਗਵਾ ਲਿਆ ਹੈ ॥੨॥
3701	92	ਬਿਖਮ ਘੋਰ ਪੰਥਿ ਚਾਲਣਾ ਪ੍ਰਾਣੀ ਰਵਿ ਸਸਿ ਤਹ ਨ ਪ੍ਰਵੇਸੰ॥	ਸਸਿ: ਪੋਲਾ ਬੋਲੋ	Bikham Ghor Panthh Chaalanaa Praanee Rav Sas Theh N Pravaesan ||	The path you must walk is treacherous and terrifying, O mortal; neither the sun nor the moon shine there.	ਹੇ ਪ੍ਰਾਣੀ! ਤੂੰ (ਮਾਇਆ ਦੇ ਮੋਹ ਦੇ) ਅਜਿਹੇ ਡਾਢੇ ਹਨੇਰੇ ਰਾਹੇ ਤੁਰ ਰਿਹਾ ਹੈਂ ਜਿੱਥੇ ਨਾਹ ਸੂਰਜ ਨੂੰ ਦਖ਼ਲ ਹੈ, ਨਾਹ ਚੰਦ੍ਰਮਾ ਨੂੰ (ਭਾਵ, ਜਿਥੇ ਤੈਨੂੰ ਨਾਹ ਦਿਨੇ ਸੁਰਤ ਆਉਂਦੀ ਹੈ, ਨਾਹ ਰਾਤ ਨੂੰ)।
3702	92	ਮਾਇਆ ਮੋਹੁ ਤਬ ਬਿਸਰਿ ਗਇਆ ਜਾਂ ਤਜੀਅਲੇ ਸੰਸਾਰੰ॥੩॥	ਗ-ਇਆ	Maaeiaa Mohu Thab Bisar Gaeiaa Jaan Thajeealae Sansaaran ||3||	Your emotional attachment to Maya will be forgotten, when you have to leave this world. ||3||	ਜਦੋਂ (ਮਰਨ ਵੇਲੇ) ਸੰਸਾਰ ਨੂੰ ਛੱਡਣ ਲੱਗੋਂ, ਤਦੋਂ ਤਾਂ ਮਾਇਆ ਦਾ ਇਹ ਮੋਹ (ਭਾਵ, ਸੰਬੰਧ ਅਵੱਸੋਂ) ਛੱਡੇਂਗਾ ਹੀ (ਤਾਂ ਫਿਰ ਕਿਉਂ ਨਹੀਂ ਹੁਣੇ ਹੀ ਛੱਡਦਾ?) ॥੩॥
3703	92	ਆਜੁ ਮੇਰੈ ਮਨਿ ਪ੍ਰਗਟੁ ਭਇਆ ਹੈ ਪੇਖੀਅਲੇ ਧਰਮਰਾਓ॥		Aaj Maerai Man Pragatt Bhaeiaa Hai Paekheealae Dhharamaraaou ||	Today, it became clear to my mind that the Righteous Judge of Dharma is watching us.	(ਕੋਈ ਵਿਰਲਾ ਸੰਤ ਜਨ ਆਖਦਾ ਹੈ-) ਮੇਰੇ ਮਨ ਵਿਚ ਇਹ ਗੱਲ ਪ੍ਰਤੱਖ ਹੋ ਗਈ ਹੈ ਕਿ (ਮਾਇਆ ਵਿਚ ਫਸੇ ਰਿਹਾਂ) ਧਰਮਰਾਜ (ਦਾ ਮੂੰਹ) ਵੇਖਣਾ ਪਏਗਾ;

3704	92	ਤਹ ਕਰ ਦਲ ਕਰਨਿ ਮਹਾ ਬਲੀ ਤਿਨ ਆਗਲੜੈਮੈ ਰਹਣੁ ਨ ਜਾਇ॥੪॥	(ਆਗਲ-ੜੈ-ਮੈ) ਸਾਹਮਣੇ	Theh Kar Dhal Karan Mehaabalee Thin Aagalarrai Mai Rehan N Jaae ||4||	His messengers, with their awesome power, crush people between their hands; I cannot stand against them. ||4||	ਉਥੇ ਵੱਡੇ ਬਲਵਾਨਾਂ ਨੂੰ ਭੀ ਹੱਥਾਂ ਨਾਲ (ਜਮਦੂਤ) ਦਲ ਦੇਂਦੇ ਹਨ; ਮੈਥੋਂ ਉਹਨਾਂ ਦੇ ਅੱਗੇ ਕੋਈ ਹੀਲ-ਹੁਜਤਿ ਨਹੀਂ ਕੀਤੀ ਜਾ ਸਕੇਗੀ ॥੪॥
3705	92	ਜੇ ਕੋ ਮੂੰ ਉਪਦੇਸੁ ਕਰਤੁ ਹੈ ਤਾ ਵਣਿ ਤ੍ਰਿਣਿ ਰਤੜਾ ਨਾਰਾਇਣਾ॥	ਤ੍ਰਿਣਿ: ਤੱਤਾ ਮੁਕਤਾ ਅੱਧੇ ਰਾਰੇ ਨੂੰ ਸਿਹਾਰੀ ਲਾਉ। ਰੱਤੜਾ	Jae Ko Moon Oupadhaes Karath Hai Thaa Van Thrin Ratharraa Naaraaeinaa ||	If someone is going to teach me something, let it be that the Lord is pervading the forests and fields.	(ਉਂਞ ਤਾਂ) ਹੇ ਨਾਰਾਇਣ! (ਤੂੰ ਕਦੇ ਚੇਤੇ ਨਹੀਂ ਆਉਂਦਾ, ਪਰ) ਜਦੋਂ ਕੋਈ (ਗੁਰਮੁਖਿ) ਮੈਨੂੰ ਸਿੱਖਿਆ ਦੇਂਦਾ ਹੈ, ਤਾਂ ਤੂੰ ਸਭ ਥਾਈਂ ਵਿਆਪਕ ਦਿੱਸਣ ਲੱਗ ਪੈਂਦਾ ਹੈਂ।
3706	92	ਐ ਜੀ ਤੂੰ ਆਪੇ ਸਭ ਕਿਛੁ ਜਾਣਦਾ ਬਦਤਿ ਤ੍ਰਿਲੋਚਨੁ ਰਾਮਈਆ॥੫॥੨॥	(ਬਦਤਿ) ਕਥਨ ਕਰਦੇ ਹਨ। ਰਾ-ਮਈਆ।	Ai Jee Thoon Aapae Sabh Kishh Jaanadhaa Badhath Thrilochan Raameeaa ||5||2||	O Dear Lord, You Yourself know everything; so prays Trilochan, Lord. ||5||2||	ਹੇ ਰਾਮ ਜੀ! ਤੇਰੀਆਂ ਤੂੰ ਹੀ ਜਾਣੇ-ਮੇਰੀ ਤ੍ਰਿਲੋਚਨ ਦੀ ਇਹੀ ਬੇਨਤੀ ਹੈ ॥੫॥੨॥
3707	92	ਸ੍ਰੀਰਾਗੁ ਭਗਤ ਕਬੀਰ ਜੀਉ ਕਾ॥		Sreeraag Bhagath Kabeer Jeeo Kaa ||	Siree Raag, Devotee Kabeer Jee:	

3708	92	ਅਚਰਜ ਏਕੁ ਸੁਨਹੁ ਰੇ ਪੰਡੀਆ ਅਬ ਕਿਛੁ ਕਹਨੁ ਨ ਜਾਈ॥	ਅ-ਚਰਜ	Acharaj Eaek Sunahu Rae Panddeeaa Ab Kishh Kehan N Jaaee ||	Listen, O religious scholar: the One Lord alone is Wondrous; no one can describe Him.	ਹੇ ਪੰਡਤ! ਉਸ ਅਚਰਜ ਪ੍ਰਭੂ ਦਾ ਇਕ ਕੌਤਕ ਸੁਣੋ (ਜੋ ਮੇਰੇ ਨਾਲ ਵਰਤਿਆ ਹੈ ਤੇ ਜੋ) ਐਸ ਵੇਲੇ (ਜਿਉਂ ਕਾ ਤਿਉਂ) ਕਿਹਾ ਨਹੀਂ ਜਾ ਸਕਦਾ।
3709	92	ਸੁਰਿ ਨਰ ਗਣ ਗੰਧ੍ਰਬ ਜਿਨਿ ਮੋਹੇ ਤ੍ਰਿਭਵਣ ਮੇਖੁਲੀ ਲਾਈ॥੧॥	ਗੰ-ਧ੍ਰਬ: ਅੱਧਾ ਰਾਰਾ ਪੋਲੋ ਬੋਲੋ। ਤ੍ਰਿ-ਭਵਣ	Sur Nar Gan Gandhhrab Jin Mohae Thribhavan Maekhulee Laaee ||1||	He fascinates the angels, the celestial singers and the heavenly musicians; he has strung the three worlds upon His Thread. ||1||	ਉਸ ਪ੍ਰਭੂ ਨੇ ਸਾਰੇ ਜਗਤ ਨੂੰ (ਮਾਇਆ ਦੀ) ਤੜਾਗੀ ਪਾ ਕੇ ਦੇਵਤੇ, ਮਨੁੱਖ, ਗਣ ਅਤੇ ਗੰਧਰਬਾਂ ਨੂੰ ਮੋਹ ਲਿਆ ਹੋਇਆ ਹੈ ॥੧॥
3710	92	ਰਾਜਾਰਾਮ ਅਨਹਦ ਕਿੰਗੁਰੀ ਬਾਜੈ॥	ਰਾਜਾ-ਰਾਮ	Raajaa Raam Anehadh Kinguree Baajai ||	The Unstruck Melody of the Sovereign Lord's Harp vibrates;	(ਉਹ ਅਚਰਜ ਕੌਤਕ ਇਹ ਹੈ ਕਿ) ਉਸ ਪ੍ਰਭੂ ਦੀ (ਮੇਰੇ ਅੰਦਰ) ਇੱਕ-ਰਸ ਤਾਰ ਵੱਜ ਰਹੀ ਹੈ,
3711	92	ਜਾ ਕੀ ਦਿਸਟਿ ਨਾਦ ਲਿਵ ਲਾਗੈ॥੧॥ਰਹਾਉ॥		Jaa Kee Dhisatt Naadh Liv Laagai ||1|| Rehaao ||	By His Glance of Grace, we are lovingly attuned to the Sound-current of the Naad. ||1||Pause||	ਜਿਸ ਪ੍ਰਕਾਸ਼-ਰੂਪ ਪ੍ਰਭੂ ਦੀ ਮਿਹਰ ਦੀ ਨਜ਼ਰ ਨਾਲ ਸ਼ਬਦ ਵਿਚ ਲਿਵ ਲੱਗਦੀ ਹੈ ॥੧॥ ਰਹਾਉ ॥

3712	92	ਭਾਠੀ ਗਗਨੁ ਸਿੰਞਿਆ ਅਰੁ ਚੁੰਞਿਆ ਕਨਕ ਕਲਸ ਇਕੁ ਪਾਇਆ॥	ਛੰਛੇ ਖ਼ਿਆਲ ਨਾਲ ਬੋਲੋ। ਕਲਸ: ਪੋਲਾ ਬੋਲੋ	Bhaathee Gagan Sinn(g)iaa Ar Chunn(g)iaa Kanak Kalas Eik Paaeiaa ||	The Tenth Gate of my crown chakra is the distilling fire, and the channels of the Ida and Pingala are the funnels, to pour in and empty out the golden vat.	ਮੇਰਾ ਦਿਮਾਗ਼ ਭੱਠੀ ਬਣਿਆ ਪਿਆ ਹੈ, (ਭਾਵ, ਸੁਰਤ ਪ੍ਰਭੂ ਵਿਚ ਜੁੜੀ ਹੋਈ ਹੈ); ਮੰਦੇ ਕਰਮਾਂ ਵਲੋਂ ਸੰਕੋਚ, ਮਾਨੋ, ਵਾਧੂ ਪਾਣੀ ਰੱਦ ਕਰਨ ਵਾਲੀ ਨਾਲ ਹੈ; ਗੁਣਾਂ ਨੂੰ ਗ੍ਰਹਿਣ ਕਰਨਾ, ਮਾਨੋ, (ਨਾਮ ਰੂਪ) ਸ਼ਰਾਬ ਕੱਢਣ ਵਾਲੀ ਨਾਲ ਹੈ; ਤੇ ਸ਼ੁੱਧ ਹਿਰਦਾ, ਮਾਨੋ, ਸੋਨੇ ਦਾ ਮੱਟ ਹੈ; ਹੁਣ ਮੈਂ ਇੱਕ ਪ੍ਰਭੂ ਨੂੰ ਪ੍ਰਾਪਤ ਕਰ ਲਿਆ ਹੈ।
3713	92	ਤਿਸੁ ਮਹਿ ਧਾਰ ਚੁਐ ਅਤਿ ਨਿਰਮਲ ਰਸ ਮਹਿ ਰਸਨ ਚੁਆਇਆ॥੨॥		This Mehi Dhhaar Chuai Ath Niramal Ras Mehi Rasan Chuaaeiaa ||2||	Into that vat, there trickles a gentle stream of the most sublime and pure essence of all distilled essences. ||2||	ਮੇਰੇ ਸ਼ੁੱਧ ਹਿਰਦੇ ਵਿਚ (ਨਾਮ-ਅੰਮ੍ਰਿਤ ਦੀ) ਬੜੀ ਸਾਫ਼ ਧਾਰ ਚੋ ਚੋ ਕੇ ਪੈ ਰਹੀ ਹੈ ਅਤੇ ਸਭ ਰਸਾਂ ਤੋਂ ਸੁਆਦਲਾ (ਨਾਮ) ਰਸ ਖਿੱਚਿਆ ਜਾ ਰਿਹਾ ਹੈ ॥੨॥
3714	92	ਏਕ ਜੁ ਬਾਤ ਅਨੂਪ ਬਨੀ ਹੈ ਪਵਨ ਪਿਆਲਾ ਸਾਜਿਆ॥	ਬਨੀ:ਪੋਲਾ ਬੋਲੋ। (ਬਨੀ) ਬਣੀ	Eaek J Baath Anoop Banee Hai Pavan Piaalaa Saajiaa ||	Something wonderful has happened-the breath has become the cup.	ਇੱਕ ਹੋਰ ਸੁਆਦਲੀ ਗੱਲ ਬਣ ਪਈ ਹੈ (ਉਹ ਇਹ) ਕਿ ਮੈਂ ਸੁਆਸਾਂ ਨੂੰ (ਨਾਮ-ਅੰਮ੍ਰਿਤ ਪੀਣ ਲਈ) ਪਿਆਲਾ ਬਣਾ ਲਿਆ ਹੈ (ਭਾਵ, ਉਸ ਪ੍ਰਭੂ ਦੇ ਨਾਮ ਨੂੰ ਮੈਂ ਸੁਆਸ ਸੁਆਸ ਜਪ ਰਿਹਾ ਹਾਂ);

3715	92	ਤੀਨਿ ਭਵਨ ਮਹਿ ਏਕੋ ਜੋਗੀ ਕਹਹੁ ਕਵਨੁ ਹੈ ਰਾਜਾ॥੩॥		Theen Bhavan Mehi Eaeko Jogee Kehahu Kavan Hai Raajaa ||3||	In all the three worlds, such a Yogi is unique. What king can compare to him? ||3||	(ਇਸ ਸੁਆਸ ਸੁਆਸ ਜਪਣ ਕਰ ਕੇ ਮੈਨੂੰ) ਸਾਰੇ ਜਗਤ ਵਿਚ ਇਕ ਪ੍ਰਭੂ ਹੀ ਵਿਆਪਕ (ਦਿੱਸ ਰਿਹਾ ਹੈ)। ਦੱਸ, (ਹੇ ਪੰਡਿਤ! ਮੈਨੂੰ) ਉਸ ਨਾਲੋਂ ਹੋਰ ਕੌਣ ਵੱਡਾ (ਹੋ ਸਕਦਾ) ਹੈ? ॥੩॥
3716	92	ਐਸੇ ਗਿਆਨ ਪ੍ਰਗਟਿਆ ਪੁਰਖੋਤਮ ਕਹੁ ਕਬੀਰ ਰੰਗਿ ਰਾਤਾ॥		Aisae Giaan Pragattiaa Purakhotham Kahu Kabeer Rang Raathaa ||	This spiritual wisdom of God, the Supreme Soul, has illuminated my being. Says Kabeer, I am attuned to His Love.	(ਜਿਵੇਂ ਉੱਪਰ ਦੱਸਿਆ ਹੈ) ਇਸ ਤਰ੍ਹਾਂ ਉਸ ਪ੍ਰਭੂ ਦੀ ਪਛਾਣ (ਮੇਰੇ ਅੰਦਰ) ਪਰਗਟ ਹੋ ਪਈ ਹੈ। ਪ੍ਰਭੂ ਦੇ ਪਿਆਰ ਵਿਚ ਰੱਤਾ ਹੋਇਆ ਕਬੀਰ (ਹੁਣ) ਆਖਦਾ ਹੈ,
3717	92	ਅਉਰ ਦੁਨੀ ਸਭ ਭਰਮਿ ਭੁਲਾਨੀ ਮਨੁ ਰਾਮ ਰਸਾਇਨ ਮਾਤਾ॥੪॥੩॥	ਮੱਾਤਾ	Aour Dhunee Sabh Bharam Bhulaanee Man Raam Rasaaein Maathaa ||4||3||	All the rest of the world is deluded by doubt, while my mind is intoxicated with the Sublime Essence of the Lord. ||4||3||	ਕਿ ਹੋਰ ਸਾਰਾ ਜਗਤ ਤਾਂ ਭੁਲੇਖੇ ਵਿਚ ਭੁੱਲਾ ਹੋਇਆ ਹੈ (ਪਰ ਪ੍ਰਭੂ ਦੀ ਮਿਹਰ ਨਾਲ) ਮੇਰਾ ਮਨ ਰਸਾਂ ਦੇ ਸੋਮੇ ਪ੍ਰਭੂ ਵਿਚ ਮਸਤ ਹੋਇਆ ਹੋਇਆ ਹੈ ॥੪॥੩॥
3718	93	ਸ੍ਰੀਰਾਗ ਬਾਣੀ ਭਗਤ ਬੇਣੀ ਜੀਉ ਕੀ॥	ਪਹ-ਰਿਆ	Sreeraag Baanee Bhagath Baenee Jeeo Kee ||	Sree Raag, The Word Of Devotee Baynee Jee:	ਰਾਗ ਸਿਰੀਰਾਗ ਵਿੱਚ ਭਗਤ ਬੇਣੀ ਜੀ ਦੀ ਬਾਣੀ।
3719	93	ਪਹਰਿਆ ਕੈ ਘਰਿ ਗਾਵਣਾ॥		Pehariaa Kai Ghar Gaavanaa ||	To Be Sung To The Tune Of ""Pehray"":	ਇਹ 'ਪਹਰਿਆਂ ਦੇ ਘਰ' ??? (ਦੀ ਧੁਨ ਅਨੁਸਾਰ) ਗਉਣੀ ਚਾਹੀਦੀ ਹੈ।

3720	93	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	
3721	93	ਰੇ ਨਰ ਗਰਭ ਕੁੰਡਲ ਜਬ ਆਛਤ ਉਰਧ ਧਿਆਨ ਲਿਵ ਲਾਗਾ॥		Rae Nar Garabh Kunddal Jab Aashhath Ouradhh Dhhiaan Liv Laagaa ||	O man, when you were coiled in the cradle of the womb, upside-down, you were absorbed in meditation.	ਹੇ ਮਨੁੱਖ! ਜਦੋਂ ਤੂੰ ਮਾਂ ਦੇ ਪੇਟ ਵਿਚ ਸੈਂ, ਤਦੋਂ ਤੇਰੀ ਸੁਰਤ ਉੱਚੇ (ਪ੍ਰਭੂ ਦੇ) ਧਿਆਨ ਵਿਚ ਜੁੜੀ ਰਹਿੰਦੀ ਸੀ;
3722	93	ਮਿਰਤਕ ਪਿੰਡਿ ਪਦ ਮਦਨਾ ਅਹਿ ਨਿਸਿ ਏਕੁ ਅਗਿਆਨ ਸੁ ਨਾਗਾ॥	(ਪਿੰਡਿ) ਮਿੱਟੀ ਦਾ ਪੇੜਾ। ਰਾਮ ਜੀ ਦੇ (ਪਦ) ਚਰਨਕਮਲਾਂ ਚ। (ਮਦਨਾ) ਮਸਤ। (ਨਾਗਾ) ਅਗਿਆਨ ਦਾ ਨਾਗਾ ਸੀ, ਭਾਵ ਨਹੀਂ ਸੀ। ਨਾਗਾ:ਪੋਲਾ ਬੋਲੋ। (ਨਾਗਾ) ਬਿੰਦੀ ਨਹੀਂ ਲਾਉਣੀ (ਦੂਜਾ ਪਾਠ: ਪਦ ਮਦ ਨਾ)	Mirathak Pindd Padh Madh Naa Ahinis Eaek Agiaan S Naagaa ||	You took no pride in your perishable body; night and day were all the same to you-you lived unknowing, in the silence of the void.	(ਤੈਨੂੰ ਤਦੋਂ) ਸਰੀਰ ਦੀ ਹੋਂਦ ਦਾ ਅਹੰਕਾਰ ਨਹੀਂ ਸੀ, ਦਿਨੇ ਰਾਤ ਇਕ ਪ੍ਰਭੂ ਨੂੰ (ਸਿਮਰਦਾ ਸੈਂ), (ਤੇਰੇ ਅੰਦਰ) ਅਗਿਆਨ ਦੀ ਅਣਹੋਂਦ ਸੀ।

3723	93	ਤੇ ਦਿਨ ਸੰਮਲੁ ਕਸਟ ਮਹਾ ਦੁਖ ਅਬ ਚਿਤੁ ਅਧਿਕ ਪਸਾਰਿਆ॥		Thae Dhin Sanmal Kasatt Mehaa Dhukh Ab Chith Adhhik Pasaariaa ||	Remember the terrible pain and suffering of those days, now that you have spread out the net of your consciousness far and wide.	(ਹੇ ਮਨੁੱਖ!) ਉਹ ਦਿਨ ਹੁਣ ਚੇਤੇ ਕਰ (ਤਦੋਂ ਤੈਨੂੰ) ਬੜੇ ਕਲੇਸ਼ ਤੇ ਤਕਲੀਫ਼ਾਂ ਸਨ; ਪਰ ਹੁਣ ਤੂੰ ਆਪਣੇ ਮਨ ਨੂੰ (ਦੁਨੀਆ ਦੇ ਜੰਜਾਲਾਂ ਵਿਚ) ਬਹੁਤ ਫਸਾ ਰੱਖਿਆ ਹੈ।
3724	93	ਗਰਭ ਛੋਡਿ ਮ੍ਰਿਤ ਮੰਡਲ ਆਇਆ ਤਉ ਨਰਹਰਿ ਮਨਹੁ ਬਿਸਾਰਿਆ॥੧॥		Garabh Shhodd Mrith Manddal Aaeiaa Tho Narehar Manahu Bisaariaa ||1||	Leaving the womb, you entered this mortal world; you have forgotten the Lord from your mind. ||1||	ਮਾਂ ਦਾ ਪੇਟ ਛੱਡ ਕੇ ਜਦੋਂ ਦਾ ਤੂੰ ਜਗਤ ਵਿਚ ਆਇਆ ਹੈਂ, ਤਦੋਂ ਤੋਂ ਤੂੰ ਆਪਣੇ ਨਿਰੰਕਾਰ ਨੂੰ ਭੁਲਾ ਦਿੱਤਾ ਹੈ ॥੧॥
3725	93	ਫਿਰਿ ਪਛੁਤਾਵਹਿਗਾ ਮੂੜਿਆ ਤੂੰ ਕਵਨ ਕੁਮਤਿ ਭ੍ਰਮਿ ਲਾਗਾ॥	ਕੁ-ਮੱਤਿ। ਭਰਮਿ: ਅੱਧਾ ਰਾਰਾ ਪੋਲਾ ਬੋਲੋ, ਭਰਿਮ ਨਾ ਬੋਲੋ	Fir Pashhuthaavehiga a Moorriaa Thoon Kavan Kumath Bhram Laagaa ||	Later, you will regret and repent-you fool! Why are you engrossed in evil-mindedness and skepticism?	ਹੇ ਮੂਰਖ! ਤੂੰ ਕਿਹੜੀ ਮੱਤੇ, ਕਿਹੜੇ ਭੁਲੇਖੇ ਵਿਚ ਲੱਗਾ ਹੋਇਆ ਹੈਂ? (ਸਮਾ ਹੱਥੋਂ ਗਵਾ ਕੇ) ਫੇਰ ਹੱਥ ਮਲੇਂਗਾ।

3726	93	ਚੇਤਿ ਰਾਮੁ ਨਾਹੀ ਜਮਪੁਰਿ ਜਾਹਿਗਾ ਜਨੁ ਬਿਚਰੈ ਅਨਰਾਧਾ॥੧॥ਰਹਾਉ ॥	(ਅਨ-ਰੱਾਧਾ) ਅਨਰਿੱਧ, ਕੋਰੜੂ।	Chaeth Raam Naahee Jam Pur Jaahigaa Jan Bicharai Anaraadhhaa ||1|| Rehaao ||	Think of the Lord, or else you shall be led to the City of Death. Why are you wandering around, out of control? ||1||Pause||	ਪ੍ਰਭੂ ਨੂੰ ਸਿਮਰ, ਨਹੀਂ ਤਾਂ ਜਮਪੁਰੀ ਵਿਚ ਧੱਕਿਆ ਜਾਏਂਗਾ, (ਤੂੰ ਫਿਰਦਾ ਹੈਂ) ਜਿਵੇਂ ਕੋਈ ਅਮੋੜ ਬੰਦਾ ਫਿਰਦਾ ਹੈ ॥੧॥ ਰਹਾਉ ॥
3727	93	ਬਾਲ ਬਿਨੋਦ ਚਿੰਦ ਰਸ ਲਾਗਾ ਖਿਨੁ ਖਿਨੁ ਮੋਹਿ ਬਿਆਪੈ॥		Baal Binodh Chindh Ras Laagaa Khin Khin Mohi Biaapai ||	You play like a child, craving sweets; moment by moment, you become more entangled in emotional attachment.	(ਪਹਿਲਾਂ) ਤੂੰ ਬਾਲਪੁਣੇ ਦੀਆਂ ਖੇਡਾਂ ਦੇ ਧਿਆਨ ਤੇ ਸੁਆਦ ਵਿਚ ਲੱਗਾ ਰਿਹਾ, ਤੇ ਸਦਾ (ਇਹਨਾਂ ਦੇ ਹੀ) ਮੋਹ ਵਿਚ ਫਸਿਆ ਰਿਹਾ;
3728	93	ਰਸੁ ਮਿਸੁ ਮੇਧੁ ਅੰਮ੍ਰਿਤੁ ਬਿਖੁ ਚਾਖੀ ਤਉ ਪੰਚ ਪ੍ਰਗਟ ਸੰਤਾਪੈ॥	ਮਿਸੁ, ਬਿਖੁ: ਪੋਲੇ ਬੋਲੋ। ਚੱਾਖੀ	Ras Mis Maedhh Anmrith Bikh Chaakhee Tho Panch Pragatt Santhaapai ||	Tasting good and bad, you eat nectar and then poison, and then the five passions appear and torture you.	(ਹੁਣ ਜਦੋਂ) ਤੂੰ ਮਾਇਆ-ਰੂਪ ਵਿਹੁ ਨੂੰ ਰਸਦਾਇਕ ਤੇ ਪਵਿੱਤਰ ਅੰਮ੍ਰਿਤ ਸਮਝ ਕੇ ਚੱਖਿਆ, ਤਦੋਂ ਤੈਨੂੰ ਪੰਜੇ (ਕਾਮਾਦਿਕ) ਖੁਲ੍ਹੇ ਤੌਰ ਤੇ ਸਤਾ ਰਹੇ ਹਨ।
3729	93	ਜਪੁ ਤਪੁ ਸੰਜਮੁ ਛੋਡਿ ਸੁਕ੍ਰਿਤ ਮਤਿ ਰਾਮ ਨਾਮੁ ਨ ਅਰਾਧਿਆ॥	ਸੁ-ਕ੍ਰਿਤ	Jap Thap Sanjam Shhodd Sukirath Math Raam Naam N Araadhhiaa ||	Abandoning meditation, penance and self-restraint, and the wisdom of good actions, you do not worship and adore the Lord's Name.	ਜਪ ਤਪ ਸੰਜਮ ਤੇ ਪੁੰਨ ਕਰਮ ਕਰਨ ਵਾਲੀ ਬੁੱਧ ਤੂੰ ਛੱਡ ਬੈਠਾ ਹੈਂ, ਪ੍ਰਭੂ ਦੇ ਨਾਮ ਨੂੰ ਨਹੀਂ ਸਿਮਰਦਾ।

3730	93	ਉਛਲਿਆ ਕਾਮੁ ਕਾਲ ਮਤਿ ਲਾਗੀ ਤਉ ਆਨਿ ਸਕਤਿ ਗਲਿ ਬਾਂਧਿਆ॥੨॥	ਉੱਛਲਿਆ	Oushhaliaa Kaam Kaal Math Laagee Tho Aan Sakath Gal Baandhhiaa ||2||	You are overflowing with sexual desire, and your intellect is stained with darkness; you are held in the grip of Shakti's power. ||2||	(ਤੇਰੇ ਅੰਦਰ) ਕਾਮ ਜ਼ੋਰਾਂ ਵਿਚ ਹੈ, ਭੈੜੇ ਪਾਸੇ ਤੇਰੀ ਬੁੱਧੀ ਲੱਗੀ ਹੋਈ ਹੈ, (ਕਾਮਾਤੁਰ ਹੋ ਕੇ) ਤੂੰ ਇਸਤਰੀ ਨੂੰ ਲਿਆ ਗਲ ਲਾਇਆ ਹੈ ॥੨॥
3731	93	ਤਰੁਣ ਤੇਜੁ ਪਰ ਤ੍ਰਿਅ ਮੁਖੁ ਜੋਹਹਿ ਸਰੁ ਅਪਸਰੁ ਨ ਪਛਾਣਿਆ॥	ਅਪ-ਸਰੁ	Tharun Thaej Par Thria Mukh Johehi Sar Apasar N Pashhaaniaa ||	In the heat of youthful passion, you look with desire upon the faces of other men's wives; you do not distinguish between good and evil.	(ਤੇਰੇ ਅੰਦਰ) ਜੁਆਨੀ ਦਾ ਜੋਸ਼ ਹੈ, ਪਰਾਈਆ ਜ਼ਨਾਨੀਆਂ ਦੇ ਮੂੰਹ ਤੱਕਦਾ ਹੈਂ, ਵੇਲਾ ਕੁਵੇਲਾ ਭੀ ਤੂੰ ਨਹੀਂ ਸਮਝਦਾ।
3732	93	ਉਨਮਤ ਕਾਮਿ ਮਹਾ ਬਿਖੁ ਭੂਲੈ ਪਾਪੁ ਪੁੰਨੁ ਨ ਪਛਾਨਿਆ॥	(ਉਨਮਤ) ਕਮਲ਼ਾ	Ounamath Kaam Mehaa Bikh Bhoolai Paap Punn N Pashhaaniaa ||	Drunk with sexual desire and other great sins, you go astray, and do not distinguish between vice and virtue.	ਹੇ ਕਾਮ ਵਿਚ ਮਸਤ ਹੋਏ ਹੋਏ! ਹੇ ਪ੍ਰਬਲ ਮਾਇਆ ਵਿਚ ਭੁੱਲੇ ਹੋਏ! ਤੈਨੂੰ ਇਹ ਸਮਝ ਨਹੀਂ ਕਿ ਪਾਪ ਕੀਹ ਹੈ ਤੇ ਪੁੰਨ ਕੀਹ ਹੈ।
3733	93	ਸੁਤ ਸੰਪਤਿ ਦੇਖਿ ਇਹੁ ਮਨੁ ਗਰਬਿਆ ਰਾਮੁ ਰਿਦੈ ਤੇ ਖੋਇਆ॥		Suth Sanpath Dhaekh Eihu Man Garabiaa Raam Ridhai Thae Khoeiaa ||	Gazing upon your children and your property, your mind is proud and arrogant; you cast out the Lord from your heart.	ਪੁੱਤਰਾਂ ਨੂੰ ਧਨ ਪਦਾਰਥਾਂ ਨੂੰ ਵੇਖ ਕੇ ਤੇਰਾ ਮਨ ਅਹੰਕਾਰੀ ਹੋ ਰਿਹਾ ਹੈ; ਪ੍ਰਭੂ ਨੂੰ ਤੂੰ ਹਿਰਦੇ ਵਿਚੋਂ ਵਿਸਾਰ ਬੈਠਾ ਹੈਂ।

3734	93	ਅਵਰ ਮਰਤ ਮਾਇਆ ਮਨੁ ਤੋਲੇ ਤਉ ਭਗ ਮੁਖਿ ਜਨਮੁ ਵਿਗੋਇਆ॥੩॥	ਭਗ: ਪੋਲਾ ਬੋਲੋ	Avar Marath Maaeiaa Man Tholae Tho Bhag Mukh Janam Vigoeiaa ||3||	When others die, you measure your own wealth in your mind; you waste your life in the pleasures of the mouth and sexual organs. ||3||	ਹੋਰਨਾਂ (ਸੰਬੰਧੀਆਂ) ਦੇ ਮੋਇਆਂ ਤੇਰਾ ਮਨ ਜਾਚ ਕਰਦਾ ਹੈ (ਕਿ) ਕਿਤਨੀ ਕੁ ਮਾਇਆ (ਮਿਲੇਗੀ); ਇਸ ਤਰ੍ਹਾਂ ਤੂੰ ਆਪਣਾ ਉੱਤਮ ਤੇ ਸ੍ਰੇਸ਼ਟ (ਮਨੁੱਖਾ) ਜਨਮ ਅਜਾਈਂ ਗਵਾ ਲਿਆ ॥੩॥
3735	93	ਪੁੰਡਰ ਕੇਸ ਕੁਸਮ ਤੇ ਧਉਲੇ ਸਪਤ ਪਾਤਾਲ ਕੀ ਬਾਣੀ॥	ਧਉਲੇ, ਸਪਤ: ਪੋਲੇ ਬੋਲੋ	Punddar Kaes Kusam Thae Dhhoulae Sapath Paathaal Kee Baanee ||	Your hair is whiter than the jasmine flower, and your voice has grown feeble, as if it comes from the seventh underworld.	ਤੇਰੇ ਕੇਸ ਚਿੱਟੇ ਕੌਲ ਫੁੱਲ ਤੋਂ ਭੀ ਵਧੀਕ ਚਿੱਟੇ ਹੋ ਗਏ ਹਨ, ਤੇਰੀ ਆਵਾਜ਼ (ਡਾਢੀ ਮੱਧਮ ਹੋ ਗਈ ਹੈ, ਮਾਨੋ) ਸਤਵੇਂ ਪਾਤਾਲ ਤੋਂ ਆਉਂਦੀ ਹੈ।
3736	93	ਲੋਚਨ ਸ੍ਰਮਹਿ ਬੁਧਿ ਬਲ ਨਾਠੀ ਤਾ ਕਾਮੁ ਪਵਸਿ ਮਾਧਾਣੀ॥		Lochan Sramehi Budhh Bal Naathee Thaa Kaam Pavas Maadhhaanee ||	Your eyes water, and your intellect and strength have left you; but still, your sexual desire churns and drives you on.	ਤੇਰੀਆਂ ਅੱਖਾਂ ਸਿੰਮ ਰਹੀਆਂ ਹਨ, ਤੇਰੀ ਚਤੁਰਾਈ ਵਾਲੀ ਬੁੱਧ ਕਮਜ਼ੋਰ ਹੋ ਚੁੱਕੀ ਹੈ ਤਾਂ ਭੀ ਕਾਮ (ਦੀ) ਮਧਾਣੀ (ਤੇਰੇ ਅੰਦਰ) ਪੈ ਰਹੀ ਹੈ (ਭਾਵ, ਅਜੇ ਭੀ ਕਾਮ ਦੀਆਂ ਵਾਸ਼ਨਾਂ ਜ਼ੋਰਾਂ ਵਿਚ ਹਨ)।
3737	93	ਤਾ ਤੇ ਬਿਖੈ ਭਈ ਮਤਿ ਪਾਵਸਿ ਕਾਇਆ ਕਮਲੁ ਕੁਮਲਾਣਾ॥		Thaa Thae Bikhai Bhee Math Paavas Kaaeiaa Kamal Kumalaanaa ||	And so, your intellect has dried up through corruption, and the lotus flower of your body has wilted and withered.	ਇਹਨਾਂ ਹੀ ਵਾਸ਼ਨਾਂ ਦੇ ਕਾਰਨ ਤੇਰੀ ਬੁੱਧ ਵਿਚ ਵਿਸ਼ਿਆਂ ਦੀ ਝੜੀ ਲੱਗੀ ਹੋਈ ਹੈ, ਤੇਰਾ ਸਰੀਰ ਰੂਪ ਕੌਲ ਫੁੱਲ ਕੁਮਲਾ ਗਿਆ ਹੈ।

3738	93	ਅਵਗਤਿ ਬਾਨਿ ਛੋਡਿ ਮ੍ਰਿਤ ਮੰਡਲਿ ਤਉ ਪਾਛੈ ਪਛੁਤਾਨਾ॥੪॥	ਅਵ-ਗਤਿ	Avagath Baan Shhodd Mrith Manddal Tho Paashhai Pashhuthaanaa ||4||	You have forsaken the Bani, the Word of the Immortal Lord, in this mortal world; in the end, you shall regret and repent. ||4||	ਜਗਤ ਵਿਚ ਆ ਕੇ ਤੂੰ ਪਰਮਾਤਮਾ ਦਾ ਭਜਨ ਛੱਡ ਬੈਠਾ ਹੈਂ; (ਸਮਾ ਵਿਹਾ ਜਾਣ ਤੇ) ਪਿੱਛੋਂ ਹੱਥ ਮਲੇਂਗਾ ॥੪॥
3739	93	ਨਿਕੁਟੀ ਦੇਹ ਦੇਖਿ ਧੁਨਿ ਉਪਜੈ ਮਾਨ ਕਰਤ ਨਹੀ ਬੂਝੈ॥	ਨਿਕੁ-ਟੀ:ਪੋਲਾ ਬੋਲੋ। ਬੂੱਝੈ	Nikuttee Dhaeh Dhaekh Dhhun Oupajai Maan Karath Nehee Boojhai ||	Gazing upon the tiny bodies of your children, love has welled up within your heart; you are proud of them, but you do not understand.	ਨਿੱਕੇ ਨਿੱਕੇ ਬਾਲ (ਪੁੱਤਰ ਪੋਤਰੇ) ਵੇਖ ਕੇ (ਮਨੁੱਖ ਦੇ ਮਨ ਵਿਚ ਉਹਨਾਂ ਲਈ) ਮੋਹ ਪੈਦਾ ਹੁੰਦਾ ਹੈ, ਅਹੰਕਾਰ ਕਰਦਾ ਹੈ, ਪਰ ਇਸ ਨੂੰ (ਇਹ) ਸਮਝ ਨਹੀਂ ਆਉਂਦੀ (ਕਿ ਸਭ ਕੁਝ ਛੱਡ ਜਾਣਾ ਹੈ)।
3740	93	ਲਾਲਚੁ ਕਰੈ ਜੀਵਨਪਦ ਕਾਰਨ ਲੋਚਨ ਕਛੂ ਨ ਸੂਝੈ॥		Laalach Karai Jeevan Padh Kaaran Lochan Kashhoo N Soojhai ||	You long for the dignity of a long life, but your eyes can no longer see anything.	ਅੱਖਾਂ ਤੋਂ ਦਿੱਸਣੋਂ ਰਹਿ ਜਾਂਦਾ ਹੈ (ਫਿਰ ਭੀ ਮਨੁੱਖ) ਹੋਰ ਜੀਊਣ ਲਈ ਲਾਲਚ ਕਰਦਾ ਹੈ।
3741	93	ਥਾਕਾ ਤੇਜੁ ਉਡਿਆ ਮਨੁ ਪੰਖੀ ਘਰਿ ਆਂਗਨਿ ਨ ਸੁਖਾਈ॥	ਥੱਾਕਾ	Thhaakaa Thaej Ouddiaa Man Pankhee Ghar Aangan N Sukhaaee ||	Your light has gone out, and the bird of your mind has flown away; you are no longer welcome in your own home and courtyard.	(ਆਖ਼ਰ) ਸਰੀਰ ਦਾ ਬਲ ਮੁੱਕ ਜਾਂਦਾ ਹੈ, (ਤੇ ਜਦੋਂ) ਜੀਵ ਪੰਛੀ (ਸਰੀਰ ਵਿਚੋਂ) ਉੱਡ ਜਾਂਦਾ ਹੈ (ਤਦੋਂ ਮੁਰਦਾ ਦੇਹ) ਘਰ ਵਿਚ, ਵਿਹੜੇ ਵਿਚ, ਪਈ ਹੋਈ ਚੰਗੀ ਨਹੀਂ ਲੱਗਦੀ।

3742	93	ਬੇਣੀ ਕਹੈ ਸੁਨਹੁ ਰੇ ਭਗਤਹੁ ਮਰਨ ਮੁਕਤਿ ਕਿਨਿ ਪਾਈ॥੫॥		Baenee Kehai Sunahu Rae Bhagathahu Maran Mukath Kin Paaee ||5||	Says Baynee, listen, O devotee: who has ever attained liberation after such a death? ||5||	ਬੇਣੀ ਆਖਦਾ ਹੈ-ਹੇ ਸੰਤ ਜਨੋ! (ਜੇ ਮਨੁੱਖ ਦਾ ਸਾਰੀ ਜ਼ਿੰਦਗੀ ਵਿਚ ਇਹੀ ਹਾਲ ਰਿਹਾ, ਭਾਵ ਜੀਉਂਦਿਆਂ ਕਿਸੇ ਵੇਲੇ ਭੀ ਵਿਕਾਰਾਂ ਤੇ ਮੋਹ ਤੋਂ ਮੁਕਤ ਨਾਹ ਹੋਇਆ, ਜੇ ਜੀਵਨ-ਮੁਕਤ ਨਾਹ ਹੋਇਆ, ਤਾਂ ਇਹ ਸੱਚ ਜਾਣੋ ਕਿ) ਮਰਨ ਤੋਂ ਪਿੱਛੋਂ ਮੁਕਤੀ ਕਿਸੇ ਨੂੰ ਨਹੀਂ ਮਿਲਦੀ ॥੫॥
3743	93	ਸਿਰੀਰਾਗੁ॥		Sireeraag ||	Sree Raag:	
3744	93	ਤੋਹੀ ਮੋਹੀ ਮੋਹੀ ਤੋਹੀ ਅੰਤਰੁ ਕੈਸਾ॥		Thohee Mohee Mohee Thohee Anthar Kaisaa ||	You are me, and I am You-what is the difference between us?	(ਹੇ ਪਰਮਾਤਮਾ!) ਤੇਰੀ ਮੇਰੇ ਨਾਲੋਂ, ਮੇਰੀ ਤੇਰੇ ਨਾਲੋਂ (ਅਸਲ) ਵਿੱਥ ਕਿਹੋ ਜਿਹੀ ਹੈ?
3745	93	ਕਨਕ ਕਟਿਕ ਜਲ ਤਰੰਗ ਜੈਸਾ॥੧॥	(ਕਟਿਕ):ਪੋਲਾ ਬੋਲੋ। (ਕਟਿ-ਕ) ਕੜਾ	Kanak Kattik Jal Tharang Jaisaa ||1||	We are like gold and the bracelet, or water and the waves. ||1||	(ਉਹੋ ਜਿਹੀ ਹੀ ਹੈ) ਜਿਹੀ ਸੋਨੇ ਤੇ ਸੋਨੇ ਦੇ ਕੜਿਆਂ ਦੀ, ਜਾਂ, ਪਾਣੀ ਤੇ ਪਾਣੀ ਦੀਆਂ ਲਹਿਰਾਂ ਦੀ ਹੈ ॥੧॥
3746	93	ਜਉ ਪੈ ਹਮ ਨ ਪਾਪ ਕਰੰਤਾ ਅਹੇ ਅਨੰਤਾ॥		Jo Pai Ham N Paap Karanthaa Ahae Ananthaa ||	If I did not commit any sins, O Infinite Lord,	ਹੇ ਬੇਅੰਤ (ਪ੍ਰਭੂ) ਜੀ! ਜੇ ਅਸੀਂ ਜੀਵ ਪਾਪ ਨਾਹ ਕਰਦੇ,

3747	93	ਪਤਿਤ ਪਾਵਨ ਨਾਮੁ ਕੈਸੇ ਹੁੰਤਾ॥੧॥ਰਹਾਉ॥		Pathith Paavan Naam Kaisae Hunthaa ||1|| Rehaao ||	How would You have acquired the name, 'Redeemer of sinners'? ||1||Pause||	ਤਾਂ ਤੇਰਾ ਨਾਮ (ਪਾਪੀਆਂ ਨੂੰ ਪਵਿਤ੍ਰ ਕਰਨ ਵਾਲਾ) 'ਪਤਿਤ-ਪਾਵਨ' ਕਿਵੇਂ ਹੋ ਜਾਂਦਾ? ॥੧॥ ਰਹਾਉ ॥
3748	93	ਤੁਮ੍ ਜੁ ਨਾਇਕ ਆਛਹੁ ਅੰਤਰਜਾਮੀ॥		Thumh J Naaeik Aashhahu Antharajaamee ||	You are my Master, the Inner-knower, Searcher of hearts.	ਹੇ ਸਾਡੇ ਦਿਲਾਂ ਦੀ ਜਾਣਨਹਾਰ ਪ੍ਰਭੂ! ਤੂੰ ਜੋ ਸਾਡਾ ਮਾਲਕ ਹੈਂ (ਤਾਂ ਫਿਰ ਮਾਲਕਾਂ ਵਾਲਾ ਬਿਰਦ ਪਾਲ, ਆਪਣੇ 'ਪਤਿਤ-ਪਾਵਨ' ਨਾਮ ਦੀ ਲਾਜ ਰੱਖ)।
3749	93	ਪ੍ਰਭ ਤੇ ਜਨੁ ਜਾਨੀਜੈ ਜਨ ਤੇ ਸੁਆਮੀ॥੨॥		Prabh Thae Jan Jaaneejai Jan Thae Suaamee ||2||	The servant is known by his God, and the Lord and Master is known by His servant. ||2||	ਮਾਲਕ ਨੂੰ ਵੇਖ ਕੇ ਇਹ ਪਛਾਣ ਲਈਦਾ ਹੈ ਕਿ ਇਸ ਦਾ ਸੇਵਕ ਕਿਹੋ ਜਿਹਾ ਹੈ ਤੇ ਸੇਵਕ ਤੋਂ ਮਾਲਕ ਦੀ ਪਰਖ ਹੋ ਜਾਂਦੀ ਹੈ ॥੨॥
3750	93	ਸਰੀਰੁ ਆਰਾਧੈ ਮੋਕਉ ਬੀਚਾਰੁ ਦੇਹੂ॥		Sareer Aaraadhhai Mo Ko Beechaar Dhaehoo ||	Grant me the wisdom to worship and adore You with my body.	(ਸੋ, ਹੇ ਪ੍ਰਭੂ!) ਮੈਨੂੰ ਇਹ ਸੂਝ ਬਖ਼ਸ਼ ਕਿ ਜਦ ਤਾਈਂ ਮੇਰਾ ਇਹ ਸਰੀਰ ਸਾਬਤ ਹੈ ਤਦ ਤਾਈਂ ਮੈਂ ਤੇਰਾ ਸਿਮਰਨ ਕਰਾਂ।
3751	93	ਰਵਿਦਾਸ ਸਮ ਦਲ ਸਮਝਾਵੈ ਕੋਊ॥੩॥	(ਦਲ) ਸਮੂਹ ਚ। ਦਲ: ਪੋਲਾ ਬੋਲੋ । (ਸਮ) ਵਿਆਪਕ ਸਮ: ਪੋਲਾ ਬੋਲੋ	Ravidhaas Sam Dhal Samajhaavai Kooo ||3||	O Ravi Daas, one who understands that the Lord is equally in all, is very rare. ||3||	(ਇਹ ਭੀ ਮਿਹਰ ਕਰ ਕਿ) ਰਵਿਦਾਸ ਨੂੰ ਕੋਈ ਸੰਤ ਜਨ ਇਹ ਸਮਝ (ਭੀ) ਦੇ ਦੇਵੇ ਕਿ ਤੂੰ ਸਰਬ-ਵਿਆਪਕ ਹੈਂ ॥੩॥

3752	94	ਰਾਗੁ ਮਾਝ ਚਉਪਦੇ ਘਰੁ ੧ ਮਹਲਾ ੪	ਘਰੁ ੧ ਨੂੰ ਘਰੁ ਪਹਿਲਾ	Raag Maajh Choupadhae Ghar 1 Mehalaa 4	Raag Maajh, Chau-Padas, First House, Fourth Mehl:	ਰਾਗ ਮਾਝ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
3753	94	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sathinaam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. The Name Is Truth. Creative Being Personified. No Fear. No Hatred. Image Of The Undying Beyond Birth Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
3754	94	ਹਰਿ ਹਰਿ ਨਾਮੁ ਮੈ ਹਰਿ ਮਨਿ ਭਾਇਆ॥	(ਭਾਇਆ) ਚੰਗਾ ਲੱਗਾ	Har Har Naam Mai Har Man Bhaaeiaa ||	The Name of the Lord, Har, Har, is pleasing to my mind.	ਪਰਮਾਤਮਾ ਦਾ ਨਾਮ ਮੇਰੇ ਮਨ ਵਿਚ ਪਿਆਰਾ ਲੱਗ ਰਿਹਾ ਹੈ, ਪਰਮਾਤਮਾ ਮੈਨੂੰ ਮਨ ਵਿਚ ਪਿਆਰਾ ਲੱਗ ਰਿਹਾ ਹੈ।
3755	94	ਵਡਭਾਗੀ ਹਰਿ ਨਾਮੁ ਧਿਆਇਆ॥		Vaddabhaagee Har Naam Dhhiaaeiaa ||	By great good fortune, I meditate on the Lord's Name.	ਵੱਡੇ ਭਾਗਾਂ ਨਾਲ (ਹੀ) ਮੈਂ ਪਰਮਾਤਮਾ ਦਾ ਨਾਮ ਸਿਮਰਿਆ ਹੈ।

3756	94	ਗੁਰਿ ਪੂਰੈ ਹਰਿ ਨਾਮ ਸਿਧਿ ਪਾਈ ਕੋ ਵਿਰਲਾ ਗੁਰਮਤਿ ਚਲੈ ਜੀਉ॥੧॥	(ਸਿਧਿ) ਪ੍ਰਾਪਤੀ। ਚੱਲੈ	Gur Poorai Har Naam Sidhh Paaee Ko Viralaa Guramath Chalai Jeeo ||1||	The Perfect Guru has attained spiritual perfection in the Name of the Lord. How rare are those who follow the Guru's Teachings. ||1||	ਪਰਮਾਤਮਾ ਦਾ ਨਾਮ ਸਿਮਰਨ ਦੀ ਇਹ ਸਫਲਤਾ ਮੈਂ ਪੂਰੇ ਗੁਰੂ ਦੀ ਰਾਹੀਂ ਹਾਸਲ ਕੀਤੀ ਹੈ (ਜਿਸ ਉਤੇ ਗੁਰੂ ਦੀ ਮਿਹਰ ਹੋਵੇ, ਉਸ ਨੂੰ ਇਹ ਦਾਤ ਮਿਲਦੀ ਹੈ) ਕੋਈ ਵਿਰਲਾ (ਵਡਭਾਗੀ) ਗੁਰੂ ਦੀ ਮਤਿ ਉਤੇ ਤੁਰਦਾ ਹੈ (ਤੇ ਨਾਮ ਸਿਮਰਦਾ ਹੈ) ॥੧॥
3757	94	ਮੈ ਹਰਿ ਹਰਿ ਖਰਚੁ ਲਇਆ ਬੰਨਿ ਪਲੈ॥	ਬੰਨ੍ਹਿ ਪੱਲੈ	Mai Har Har Kharach Laeiaa Bann Palai ||	I have loaded my pack with the provisions of the Name of the Lord, Har, Har.	(ਪੂਰੇ ਗੁਰੂ ਦੀ ਮਿਹਰ ਨਾਲ) ਮੈਂ ਪਰਮਾਤਮਾ ਦਾ ਨਾਮ (ਆਪਣੇ ਜੀਵਨ-ਸਫ਼ਰ ਵਾਸਤੇ) ਖ਼ਰਚ ਪੱਲੇ ਬੰਨ੍ਹ ਲਿਆ ਹੈ।
3758	94	ਮੇਰਾ ਪ੍ਰਾਣ ਸਖਾਈ ਸਦਾ ਨਾਲਿ ਚਲੈ॥	ਪ੍ਰਾਣਾਂ ਤੋਂ (ਸਖਾਈ) ਪਿਆਰਾ	Maeraa Praan Sakhaaee Sadhaa Naal Chalai ||	The Companion of my breath of life shall always be with me.	ਇਹ ਹਰਿ-ਨਾਮ ਮੇਰੀ ਜਿੰਦ ਦਾ ਸਾਥੀ ਬਣ ਗਿਆ ਹੈ, (ਹੁਣ ਇਹ) ਸਦਾ ਮੇਰੇ ਨਾਲ ਰਹਿੰਦਾ ਹੈ (ਮੇਰੇ ਹਿਰਦੇ ਵਿਚ ਟਿਕਿਆ ਰਹਿੰਦਾ ਹੈ)।
3759	94	ਗੁਰਿ ਪੂਰੈ ਹਰਿ ਨਾਮੁ ਦਿੜਾਇਆ ਹਰਿ ਨਿਹਚਲੁ ਹਰਿ ਧਨੁ ਪਲੈ ਜੀਉ॥੨॥	(ਨਿਹਚਲੁ) ਅਚੱਲ	Gur Poorai Har Naam Dhirraaeiaa Har Nihachal Har Dhhan Palai Jeeo ||2||	The Perfect Guru has implanted the Lord's Name within me. I have the Imperishable Treasure of the Lord in my lap. ||2||	ਪੂਰੇ ਗੁਰੂ ਨੇ (ਇਹ) ਹਰਿ-ਨਾਮ (ਮੇਰੇ ਹਿਰਦੇ ਵਿਚ) ਪੱਕਾ ਕਰ ਕੇ ਟਿਕਾ ਦਿੱਤਾ ਹੈ, ਹਰਿ-ਨਾਮ ਧਨ ਮੇਰੇ ਪਾਸ ਹੁਣ ਸਦਾ ਟਿਕੇ ਰਹਿਣ ਵਾਲਾ ਧਨ ਹੋ ਗਿਆ ਹੈ ॥੨॥

3760	94	ਹਰਿ ਹਰਿ ਸਜਣੁ ਮੇਰਾ ਪ੍ਰੀਤਮੁ ਰਾਇਆ॥	(ਰਾਇਆ) ਪਾਤਿਸ਼ਾਹ	Har Har Sajan Maeraa Preetham Raaeiaa ||	The Lord, Har, Har, is my Best Friend; He is my Beloved Lord King.	ਪਰਮਾਤਮਾ (ਹੀ) ਮੇਰਾ (ਅਸਲ) ਸੱਜਣ ਹੈ, ਪਰਮਾਤਮਾ ਹੀ ਮੇਰਾ ਪ੍ਰੀਤਮ ਪਾਤਿਸ਼ਾਹ ਹੈ, ਮੈਨੂੰ ਆਤਮਕ ਜੀਵਨ ਦੇਣ ਵਾਲਾ ਹੈ।
3761	94	ਕੋਈ ਆਣਿ ਮਿਲਾਵੈ ਮੇਰੇ ਪ੍ਰਾਣ ਜੀਵਾਇਆ॥	(ਮੇਰੇ) ਦਾਸਨਦਾਸ ਮਰੇ ਦੇ ਪ੍ਰਾਣ (ਜੀਵਾਇਆ) ਜਿਉਂਦੇ ਕਰੇ	Koee Aan Milaavai Maerae Praan Jeevaaeiaa ||	If only someone would come and introduce me to Him, the Rejuvenator of my breath of life.	(ਮੇਰੀ ਹਰ ਵੇਲੇ ਤਾਂਘ ਹੈ ਕਿ) ਕੋਈ (ਗੁਰਮੁਖ ਉਹ ਪ੍ਰੀਤਮ) ਲਿਆ ਕੇ ਮੈਨੂੰ ਮਿਲਾ ਦੇਵੇ।
3762	94	ਹਉ ਰਹਿ ਨ ਸਕਾ ਬਿਨੁ ਦੇਖੇ ਪ੍ਰੀਤਮਾ ਮੈ ਨੀਰੁ ਵਹੇ ਵਹਿ ਚਲੈ ਜੀਉ॥੩॥		Ho Rehi N Sakaa Bin Dhaekhae Preethamaa Mai Neer Vehae Vehi Chalai Jeeo ||3||	I cannot survive without seeing my Beloved. My eyes are welling up with tears. ||3||	ਹੇ ਮੇਰੇ ਪ੍ਰੀਤਮ ਪ੍ਰਭੂ! ਮੈਂ ਤੇਰਾ ਦਰਸ਼ਨ ਕਰਨ ਤੋਂ ਬਿਨਾ ਰਹਿ ਨਹੀਂ ਸਕਦਾ (ਤੇਰੇ ਵਿਛੋੜੇ ਵਿਚ ਮੇਰੀਆਂ ਅੱਖਾਂ ਵਿਚੋਂ ਬਿਰਹੋਂ ਦਾ) ਪਾਣੀ ਇਕ-ਸਾਰ ਚੱਲ ਪੈਂਦਾ ਹੈ ॥੩॥
3763	94	ਸਤਿਗੁਰੁ ਮਿਤ੍ਰੁ ਮੇਰਾ ਬਾਲ ਸਖਾਈ॥	(ਬਾਲ ਸਖਾਈ) ਬਚਪਨ ਦਾ ਸਾਥੀ	Sathigur Mithra Maeraa Baal Sakhaaee ||	My Friend, the True Guru, has been my Best Friend since I was very young.	ਹੇ ਮੇਰੀ ਮਾਂ! ਗੁਰੂ ਮੇਰਾ (ਅਜੇਹਾ) ਮਿਤ੍ਰ ਹੈ (ਜਿਵੇਂ) ਬਚਪਨ ਦਾ ਸਾਥੀ ਹੈ।
3764	94	ਹਉ ਰਹਿ ਨ ਸਕਾ ਬਿਨੁ ਦੇਖੇ ਮੇਰੀ ਮਾਈ॥		Ho Rehi N Sakaa Bin Dhaekhae Maeree Maaee ||	I cannot survive without seeing Him, O my mother!	ਮੈਂ ਗੁਰੂ ਦਾ ਦਰਸ਼ਨ ਕਰਨ ਤੋਂ ਬਿਨਾ ਰਹਿ ਨਹੀਂ ਸਕਦਾ (ਮੈਨੂੰ ਧੀਰਜ ਨਹੀਂ ਆਉਂਦੀ)।

3765	94	ਹਰਿ ਜੀਉ ਕ੍ਰਿਪਾ ਕਰਹੁ ਗੁਰੁ ਮੇਲਹੁ ਜਨ ਨਾਨਕ ਹਰਿ ਧਨੁ ਪਲੈ ਜੀਉ॥੪॥੧॥		Har Jeeo Kirapaa Karahu Gur Maelahu Jan Naanak Har Dhhan Palai Jeeo ||4||1||	O Dear Lord, please show Mercy to me, that I may meet the Guru. Servant Nanak gathers the Wealth of the Lord's Name in his lap. ||4||1||	ਹੇ ਦਾਸ ਨਾਨਕ! (ਆਖ-) ਹੇ ਪ੍ਰਭੂ ਜੀ! ਜਿਸ ਉਤੇ ਤੁਸੀ ਕਿਰਪਾ ਕਰਦੇ ਹੋ, ਉਸ ਨੂੰ ਗੁਰੂ ਮਿਲਾਂਦੇ ਹੋ, ਤੇ ਉਸ ਦੇ ਪੱਲੇ ਹਰਿ-ਨਾਮ ਧਨ ਇਕੱਠਾ ਹੋ ਜਾਂਦਾ ਹੈ ॥੪॥੧॥
3766	94	ਮਾਝ ਮਹਲਾ ੪॥		Maajh Mehalaa 4 ||	Maajh, Fourth Mehl:	
3767	94	ਮਧੁਸੂਦਨ ਮੇਰੇ ਮਨ ਤਨ ਪ੍ਰਾਨਾ॥	(ਮਧੁ-ਸੂਦਨ) ਪ੍ਰਮਾਤਮਾ ਜੀ	Madhhusoodhan Maerae Man Than Praanaa ||	The Lord is my mind, body and breath of life.	ਪਰਮਾਤਮਾ ਮੇਰੇ ਮਨ ਦਾ ਆਸਰਾ ਹੈ, ਮੇਰੇ ਸਰੀਰ ਦਾ (ਗਿਆਨ-ਇੰਦ੍ਰਿਆਂ ਦਾ) ਆਸਰਾ ਹੈ।
3768	94	ਹਉ ਹਰਿ ਬਿਨੁ ਦੂਜਾ ਅਵਰੁ ਨ ਜਾਨਾ॥		Ho Har Bin Dhoojaa Avar N Jaanaa ||	I do not know any other than the Lord.	ਪਰਮਾਤਮਾ ਤੋਂ ਬਿਨਾ ਕਿਸੇ ਹੋਰ ਨੂੰ ਮੈਂ (ਜੀਵਨ-ਆਸਰਾ) ਨਹੀਂ ਜਾਣਦਾ।
3769	94	ਕੋਈ ਸਜਣੁ ਸੰਤੁ ਮਿਲੈ ਵਡਭਾਗੀ ਮੈ ਹਰਿ ਪ੍ਰਭੁ ਪਿਆਰਾ ਦਸੈ ਜੀਉ॥੧॥	ਦੱਸੈ	Koee Sajan Santh Milai Vaddabhaagee Mai Har Prabh Piaaraa Dhasai Jeeo ||1||	If only I could have the good fortune to meet some friendly Saint; he might show me the Way to my Beloved Lord God. ||1||	ਮੇਰੇ ਵਡੇ ਭਾਗਾਂ ਨੂੰ ਕੋਈ ਗੁਰਮੁਖ ਸੱਜਣ ਮੈਨੂੰ ਮਿਲ ਪਏ ਤੇ ਮੈਨੂੰ ਪਿਆਰੇ ਪ੍ਰਭੂ ਦਾ ਪਤਾ ਦੱਸ ਦੇਵੇ ॥੧॥

3770	94	ਹਉ ਮਨੁ ਤਨੁ ਖੋਜੀ ਭਾਲਿ ਭਾਲਾਈ॥		Ho Man Than Khojee Bhaal Bhaalaaee ||	I have searched my mind and body, through and through.	ਮੈਂ ਭਾਲ ਕਰ ਕੇ ਤੇ ਭਾਲ ਕਰਾ ਕੇ ਆਪਣਾ ਮਨ ਖੋਜਦਾ ਹਾਂ ਆਪਣਾ ਸਰੀਰ ਖੋਜਦਾ ਹਾਂ।
3771	94	ਕਿਉ ਪਿਆਰਾ ਪ੍ਰੀਤਮੁ ਮਿਲੈ ਮੇਰੀ ਮਾਈ॥		Kio Piaaraa Preetham Milai Maeree Maaee ||	How can I meet my Darling Beloved, O my mother?	(ਇਸ ਖ਼ਾਤਰ ਕਿ) ਹੇ ਮੇਰੀ ਮਾਂ! ਕਿਵੇਂ ਮੈਨੂੰ ਪਿਆਰਾ ਪ੍ਰੀਤਮ ਪ੍ਰਭੂ ਮਿਲ ਪਏ।
3772	94	ਮਿਲਿ ਸਤਸੰਗਤਿ ਖੋਜੁ ਦਸਾਈ ਵਿਚਿ ਸੰਗਤਿ ਹਰਿ ਪ੍ਰਭੁ ਵਸੈ ਜੀਉ॥੨॥	(ਦਸਾਈ) ਦੱਸੀ। ਵਸੈ: ਪੋਲਾ ਬੋਲੋ	Mil Sathasangath Khoj Dhasaaee Vich Sangath Har Prabh Vasai Jeeo ||2||	Joining the Sat Sangat, the True Congregation, I ask about the Path to God. In that Congregation, the Lord God abides. ||2||	ਸਾਧ ਸੰਗਤਿ ਵਿਚ (ਭੀ) ਮਿਲ ਕੇ (ਉਸ ਪ੍ਰੀਤਮ ਦਾ) ਪਤਾ ਪੁੱਛਦਾ ਹਾਂ (ਕਿਉਂਕਿ ਉਹ) ਹਰਿ-ਪ੍ਰਭੂ ਸਾਧ ਸੰਗਤਿ ਵਿਚ ਵੱਸਦਾ ਹੈ ॥੨॥
3773	94	ਮੇਰਾ ਪਿਆਰਾ ਪ੍ਰੀਤਮੁ ਸਤਿਗੁਰੁ ਰਖਵਾਲਾ॥		Maeraa Piaaraa Preetham Sathigur Rakhavaalaa ||	My Darling Beloved True Guru is my Protector.	(ਹੇ ਪ੍ਰਭੂ!) ਮੈਨੂੰ ਪਿਆਰਾ ਪ੍ਰੀਤਮ ਗੁਰੂ ਮਿਲਾ (ਵਿਕਾਰਾਂ ਤੋਂ ਉਹੀ ਮੇਰੀ) ਰਾਖੀ ਕਰਨ ਵਾਲਾ (ਹੈ)।
3774	94	ਹਮ ਬਾਰਿਕ ਦੀਨ ਕਰਹੁ ਪ੍ਰਤਿਪਾਲਾ॥	(ਦੀਨ) ਗ਼ੀਬ	Ham Baarik Dheen Karahu Prathipaalaa ||	I am a helpless child- please cherish me.	(ਹੇ ਪ੍ਰਭੂ!) ਅਸੀਂ ਤੇਰੇ ਅੰਞਾਣ ਬੱਚੇ ਹਾਂ। ਸਾਡੀ ਰੱਖਿਆ ਕਰ।

3775	94	ਮੇਰਾ ਮਾਤ ਪਿਤਾ ਗੁਰੁ ਸਤਿਗੁਰੁ ਪੂਰਾ ਗੁਰ ਜਲ ਮਿਲਿ ਕਮਲੁ ਵਿਗਸੈ ਜੀਉ॥੩॥	(ਵਿ-ਗੱਸੈ) ਖਿੜਦਾ	Maeraa Maath Pithaa Gur Sathigur Pooraa Gur Jal Mil Kamal Vigasai Jeeo ||3||	The Guru, the Perfect True Guru, is my Mother and Father. Obtaining the Water of the Guru, the lotus of my heart blossoms forth. ||3||	ਪੂਰਾ ਗੁਰੂ ਸਤਿਗੁਰੂ (ਮੈਨੂੰ ਇਉਂ ਹੀ ਪਿਆਰਾ ਹੈ ਜਿਵੇਂ) ਮੇਰੀ ਮਾਂ ਤੇ ਮੇਰਾ ਪਿਉ ਹੈ (ਜਿਵੇਂ) ਪਾਣੀ ਨੂੰ ਮਿਲ ਕੇ ਕੌਲ-ਫੁੱਲ ਖਿੜਦਾ ਹੈ (ਤਿਵੇਂ) ਗੁਰੁ ਨੂੰ (ਮਿਲ ਕੇ ਮੇਰਾ ਹਿਰਦਾ ਖਿੜ ਪੈਂਦਾ ਹੈ) ॥੩॥
3776	94	ਮੈ ਬਿਨੁ ਗੁਰ ਦੇਖੇ ਨੀਦ ਨ ਆਵੈ॥		Mai Bin Gur Dhaekhae Needh N Aavai ||	Without seeing my Guru, sleep does not come.	ਹੇ ਹਰੀ! ਗੁਰੂ ਦਾ ਦਰਸ਼ਨ ਕਰਨ ਤੋਂ ਬਿਨਾ ਮੇਰੇ ਮਨ ਨੂੰ ਸ਼ਾਂਤੀ ਨਹੀਂ ਆਉਂਦੀ।
3777	94	ਮੇਰੇ ਮਨ ਤਨਿ ਵੇਦਨ ਗੁਰ ਬਿਰਹੁ ਲਗਾਵੈ॥	(ਵੇਦਨ)ਪੀੜਾ	Maerae Man Than Vaedhan Gur Birahu Lagaavai ||	My mind and body are afflicted with the pain of separation from the Guru.	ਗੁਰੂ ਤੋਂ ਵਿਛੋੜਾ (ਇਕ ਐਸੀ) ਪੀੜਾ (ਹੈ ਜੋ ਸਦਾ) ਮੇਰੇ ਮਨ ਵਿਚ ਮੇਰੇ ਤਨ ਵਿਚ ਲੱਗੀ ਰਹਿੰਦੀ ਹੈ।
3778	94	ਹਰਿ ਹਰਿ ਦਇਆ ਕਰਹੁ ਗੁਰੁ ਮੇਲਹੁ ਜਨ ਨਾਨਕ ਗੁਰ ਮਿਲਿ ਰਹਸੈ ਜੀਉ॥੪॥੨॥	(ਰ-ਹੱਸੈ) ਖੁਸ਼ ਹੋਣਾ	Har Har Dhaeiaa Karahu Gur Maelahu Jan Naanak Gur Mil Rehasai Jeeo ||4||2||	O Lord, Har, Har, show mercy to me, that I may meet my Guru. Meeting the Guru, servant Nanak blossoms forth. ||4||2||	ਹੇ ਹਰੀ! (ਮੇਰੇ ਉਤੇ) ਮਿਹਰ ਕਰ (ਮੈਨੂੰ) ਗੁਰੂ ਮਿਲਾ। ਹੇ ਦਾਸ ਨਾਨਕ! (ਆਪ-) ਗੁਰੂ ਨੂੰ ਮਿਲ ਕੇ (ਮਨ) ਖਿੜ ਪੈਂਦਾ ਹੈ ॥੪॥੨॥
3779	95	ਮਾਝ ਮਹਲਾ ੪॥		Maajh Mehalaa 4 ||	Maajh, Fourth Mehl:	

3780	95	ਹਰਿ ਗੁਣ ਪੜੀਐ ਹਰਿ ਗੁਣ ਗੁਣੀਐ॥	(ਗੁਣੀਐ) ਵੀਚਾਰੀਏ। ਪੜ੍ਹੀਐ	Har Gun Parreeai Har Gun Guneeai ||	Read of the Lord's Glories and reflect upon the Lord's Glories.	(ਹੇ ਸਤਸੰਗੀ ਮਿਤ੍ਰ! ਆਉ ਰਲ ਕੇ ਅਸੀ) ਪਰਮਾਤਮਾ ਦੇ ਗੁਣਾਂ ਵਾਲੀ ਬਾਣੀ ਪੜ੍ਹੀਏ ਤੇ ਵਿਚਾਰੀਏ,
3781	95	ਹਰਿ ਹਰਿ ਨਾਮ ਕਥਾ ਨਿਤ ਸੁਣੀਐ॥		Har Har Naam Kathhaa Nith Suneeai ||	Listen continually to the Sermon of the Naam, the Name of the Lord, Har, Har.	ਪਰਮਾਤਮਾ ਦੇ ਨਾਮ ਦੀ ਕਥਾ ਹੀ ਸਦਾ ਸੁਣਾ ਸੁਣਦੇ ਰਹੀਏ।
3782	95	ਮਿਲਿ ਸਤਸੰਗਤਿ ਹਰਿ ਗੁਣ ਗਾਏ ਜਗੁ ਭਉਜਲੁ ਦੁਤਰੁ ਤਰੀਐ ਜੀਉ॥੧॥	ਸੰਸਾਰ (ਭਉਜਲੁ) ਸਮੁੰਦ੍ਰ। (ਦੁੱਤ-ਰੁ) ਤਰਨਾ ਔਖਾ	Mil Sathasangath Har Gun Gaaeae Jag Bhoujal Dhuthar Thareeai Jeeo ||1||	Joining the Sat Sangat, the True Congregation, and singing the Glorious Praises of the Lord, you shall cross over the treacherous and terrifying world-ocean. ||1||	ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੀ (ਸਿਫ਼ਤ-ਸਾਲਾਹ) ਦੇ ਗੁਣ ਗਾ ਕੇ ਇਸ ਜਗਤ ਤੋਂ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ (ਸਿਫ਼ਤ-ਸਾਲਾਹ ਤੋਂ ਬਿਨਾ) ਜਿਸ ਤੋਂ ਪਾਰ ਲੰਘਣਾ ਬਹੁਤਾ ਔਖਾ ਹੈ ॥੧॥
3783	95	ਆਉ ਸਖੀ ਹਰਿ ਮੇਲੁ ਕਰੇਹਾ॥	(ਕਰੇਹਾ) ਕਰੀਏ	Aao Sakhee Har Mael Karaehaa ||	Come, friends, let us meet our Lord.	ਹੇ ਸਤਸੰਗੀ ਮਿਤ੍ਰ! ਆਉ, ਪਰਮਾਤਮਾ (ਦੀ ਪ੍ਰਾਪਤੀ) ਵਾਲਾ ਸਤਸੰਗ ਬਣਾਈਏ।
3784	95	ਮੇਰੇ ਪ੍ਰੀਤਮ ਕਾ ਮੈ ਦੇਇ ਸਨੇਹਾ॥		Maerae Preetham Kaa Mai Dhaee Sanaehaa ||	Bring me a message from my Beloved.	ਜੇਹੜਾ ਗੁਰਮੁਖਿ ਮੈਨੂੰ ਮੇਰੇ ਪ੍ਰੀਤਮ-ਪ੍ਰਭੂ ਦਾ ਸੁਨੇਹਾ ਦੇਵੇ,

3785	95	ਮੇਰਾ ਮਿਤ੍ਰੁ ਸਖਾ ਸੋ ਪ੍ਰੀਤਮੁ ਭਾਈ ਮੈ ਦਸੇ ਹਰਿ ਨਰਹਰੀਐ ਜੀਉ॥੨॥	(ਨਰਹਰੀਐ) ਪ੍ਰਮਾਤਮਾ ਜੀ	Maeraa Mithra Sakhaa So Preetham Bhaaee Mai Dhasae Har Narehareeai Jeeo ||2||	He alone is a friend, companion, beloved and brother of mine, who shows me the way to the Lord, the Lord of all. ||2||	ਮੈਨੂੰ ਪਰਮਾਤਮਾ (ਦਾ ਥਹੁ-ਪਤਾ) ਦੱਸੇ ਉਹੀ ਮੇਰਾ ਮਿਤ੍ਰ ਹੈ ਮੇਰਾ ਸਾਥੀ ਹੈ, ਮੇਰਾ ਸੱਜਣ ਹੈ ਮੇਰਾ ਭਰਾ ਹੈ ॥੨॥
3786	95	ਮੇਰੀ ਬੇਦਨ ਹਰਿ ਗੁਰੁ ਪੂਰਾ ਜਾਣੈ॥	(ਬੇਦਨ) ਪੀੜਾ	Maeree Baedhan Har Gur Pooraa Jaanai ||	My illness is known only to the Lord and the Perfect Guru.	(ਹੇ ਸਤਸੰਗੀ ਮਿਤ੍ਰ!) ਪਰਮਾਤਮਾ (ਦਾ ਰੂਪ) ਪੂਰਾ ਗੁਰੂ (ਹੀ) ਮੇਰੀ ਪੀੜਾ ਜਾਣਦਾ ਹੈ
3787	95	ਹਉ ਰਹਿ ਨ ਸਕਾ ਬਿਨੁ ਨਾਮ ਵਖਾਣੇ॥	(ਵਖਾਣੇ) ਜਪਣੇ	Ho Rehi N Sakaa Bin Naam Vakhaanae ||	I cannot continue living without chanting the Naam.	ਕਿ ਪਰਮਾਤਮਾ ਦਾ ਨਾਮ ਉਚਾਰਨ ਤੋਂ ਬਿਨਾ ਮੈਨੂੰ ਧੀਰਜ ਨਹੀਂ ਆ ਸਕਦੀ।
3788	95	ਮੈ ਅਉਖਧੁ ਮੰਤ੍ਰੁ ਦੀਜੈ ਗੁਰ ਪੂਰੇ ਮੈ ਹਰਿ ਹਰਿ ਨਾਮਿ ਉਧਰੀਐ ਜੀਉ॥੩॥	(ਉ-ਧਰੀਐ) ਉਧਾਰਨਾ ਕਰੋ	Mai Aoukhadhh Manthra Dheejai Gur Poorae Mai Har Har Naam Oudhhareeai Jeeo ||3||	So give me the medicine, the Mantra of the Perfect Guru. Through the Name of the Lord, Har, Har, I am saved. ||3||	(ਇਸ ਵਾਸਤੇ ਮੈਂ ਗੁਰੂ ਅੱਗੇ ਹੀ ਬੇਨਤੀ ਕਰਦਾ ਹਾਂ ਤੇ ਆਖਦਾ ਹਾਂ-) ਹੇ ਪੂਰੇ ਸਤਿਗੁਰੂ! ਮੈਨੂੰ (ਆਪਣਾ) ਉਪਦੇਸ਼ ਦੇਹ (ਇਹੀ) ਦਵਾਈ (ਹੈ ਜੋ ਮੇਰੀ ਬੇਦਨ ਦੂਰ ਕਰ ਸਕਦਾ ਹੈ)। ਹੇ ਪੂਰੇ ਸਤਿਗੁਰੂ! ਮੈਨੂੰ ਪਰਮਾਤਮਾ ਦੇ ਨਾਮ ਵਿਚ (ਜੋੜ ਕੇ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ॥੩॥

3789	95	ਹਮ ਚਾਤ੍ਰਿਕ ਦੀਨ ਸਤਿਗੁਰ ਸਰਣਾਈ॥	(ਦੀਨ) ਗ੍ਰੀਬ (ਚਾਤ੍ਰਿਕ) ਬਬੀਹਾ	Ham Chaathrik Dheen Sathigur Saranaaee ||	I am just a poor song-bird, in the Sanctuary of the True Guru,	ਹੇ ਦਾਸ ਨਾਨਕ! (ਆਖ-) ਅਸੀਂ ਨਿਮਾਣੇ ਚਾਤ੍ਰਿਕ ਹਾਂ ਤੇ ਗੁਰੂ ਦੀ ਸਰਨ ਆਏ ਹਾਂ।
3790	95	ਹਰਿ ਹਰਿ ਨਾਮੁ ਬੂੰਦ ਮੁਖਿ ਪਾਈ॥		Har Har Naam Boondh Mukh Paaee ||	Who has placed the Drop of Water, the Lord's Name, Har, Har, in my mouth.	(ਗੁਰੂ ਦੀ ਕਿਰਪਾ ਨਾਲ ਅਸਾਂ) ਪਰਮਾਤਮਾ ਦਾ ਨਾਮ ਮੂੰਹ ਵਿਚ ਪਾਇਆ ਹੈ (ਜਿਵੇਂ ਚਾਤ੍ਰਿਕ ਸ੍ਵਾਂਤੀ) ਬੂੰਦ (ਮੂੰਹ ਵਿਚ ਪਾਂਦਾ ਹੈ)।
3791	95	ਹਰਿ ਜਲਨਿਧਿ ਹਮ ਜਲ ਕੇ ਮੀਨੇ ਜਨ ਨਾਨਕ ਜਲ ਬਿਨੁ ਮਰੀਐ ਜੀਉ॥੪॥੩॥	(ਜਲਨਿਧਿ) ਸਮੁੰਦ੍ਰ। (ਮੀਨੇ) ਮੱਛੀਆਂ	Har Jalanidhh Ham Jal Kae Meenae Jan Naanak Jal Bin Mareeai Jeeo ||4||3||	The Lord is the Treasure of Water; I am just a fish in that water. Without this Water, servant Nanak would die. ||4||3||	ਪਰਮਾਤਮਾ ਪਾਣੀ ਦਾ ਸਮੁੰਦਰ ਹੈ, ਅਸੀਂ ਉਸ ਪਾਣੀ ਦੀਆਂ ਮੱਛੀਆਂ ਹਾਂ, ਉਸ ਨਾਮ-ਜਲ ਤੋਂ ਬਿਨਾ ਆਤਮਕ ਮੌਤ ਆ ਜਾਂਦੀ ਹੈ (ਜਿਵੇਂ ਮੱਛੀ ਪਾਣੀ ਤੋਂ ਬਿਨਾ ਮਰ ਜਾਂਦੀ ਹੈ) ॥੪॥੩॥
3792	95	ਮਾਝ ਮਹਲਾ ੪॥		Maajh Mehalaa 4 ||	Maajh, Fourth Mehl:	
3793	95	ਹਰਿ ਜਨ ਸੰਤ ਮਿਲਹੁ ਮੇਰੇ ਭਾਈ॥		Har Jan Santh Milahu Maerae Bhaaee ||	O servants of the Lord, O Saints, O my Siblings of Destiny, let us join together!	ਹੇ ਹਰੀ ਜਨੋ! ਹੇ ਸੰਤ ਜਨੋ! ਹੇ ਮੇਰੇ ਭਰਾਵੋ! (ਮੈਨੂੰ) ਮਿਲੋ,
3794	95	ਮੇਰਾ ਹਰਿ ਪ੍ਰਭੁ ਦਸਹੁ ਮੈ ਭੁਖ ਲਗਾਈ॥	ਦੱਸਹੁ। ਭੁੱਖ।	Maeraa Har Prabh Dhasahu Mai Bhukh Lagaaee ||	Show me the way to my Lord God-I am so hungry for Him!	ਮੈਨੂੰ ਮੇਰੇ ਹਰੀ ਪਰਮਾਤਮਾ ਦੀ ਦੱਸ ਪਾਵੋ, ਮੈਨੂੰ (ਉਸ ਦੇ ਦੀਦਾਰ ਦੀ) ਭੁੱਖ ਲੱਗੀ ਹੋਈ ਹੈ।

3795	95	ਮੇਰੀ ਸਰਧਾ ਪੂਰਿ ਜਗਜੀਵਨ ਦਾਤੇ ਮਿਲਿ ਹਰਿ ਦਰਸਨਿ ਮਨੁ ਭੀਜੈ ਜੀਉ॥੧॥	(ਸਰਧਾ) ਇੱਛਾ। ਜੱਗਜੀਵਨ। ਭੀਜੈ।	Maeree Saradhhaa Poor Jagajeevan Dhaathae Mil Har Dharasan Man Bheejai Jeeo ||1||	Please reward my faith, O Life of the World, O Great Giver. Obtaining the Blessed Vision of the Lord's Darshan, my mind is fulfilled. ||1||	ਹੇ ਜਗਤ ਦੇ ਜੀਵਨ ਪ੍ਰਭੂ! ਹੇ ਦਾਤਾਰ! ਹੇ ਹਰੀ! ਮੇਰੀ ਇਹ ਸਰਧਾ ਪੂਰੀ ਕਰ ਕਿ ਤੇਰੇ ਦੀਦਾਰ ਵਿਚ ਲੀਨ ਹੋ ਕੇ ਮੇਰਾ ਮਨ (ਤੇਰੇ ਨਾਮ-ਅੰਮ੍ਰਿਤ ਨਾਲ) ਤਰੋ-ਤਰ ਹੋ ਜਾਏ ॥੧॥
3796	95	ਮਿਲਿ ਸਤਸੰਗਿ ਬੋਲੀ ਹਰਿ ਬਾਣੀ॥		Mil Sathasang Bolee Har Baanee ||	Joining the Sat Sangat, the True Congregation, I chant the Bani of the Lord's Word.	(ਮੇਰਾ ਮਨ ਲੋਚਦਾ ਹੈ ਕਿ) ਸਾਧ ਸੰਗਤਿ ਵਿਚ ਮਿਲ ਕੇ ਮੈਂ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਉਚਾਰਾਂ।
3797	95	ਹਰਿ ਹਰਿ ਕਥਾ ਮੇਰੈ ਮਨਿ ਭਾਣੀ॥	(ਭਾਣੀ) ਪਿਆਰੀ ਲੱਗੀ	Har Har Kathhaa Maerai Man Bhaanee ||	The Sermon of the Lord, Har, Har, is pleasing to my mind.	ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਮੇਰੇ ਮਨ ਵਿਚ ਪਿਆਰੀਆਂ ਲੱਗ ਰਹੀਆਂ ਹਨ।
3798	95	ਹਰਿ ਹਰਿ ਅੰਮ੍ਰਿਤੁ ਹਰਿ ਮਨਿ ਭਾਵੈ ਮਿਲਿ ਸਤਿਗੁਰ ਅੰਮ੍ਰਿਤੁ ਪੀਜੈ ਜੀਉ॥੨॥	ਪੀਜੈ	Har Har Anmrith Har Man Bhaavai Mil Sathigur Anmrith Peejai Jeeo ||2||	The Ambrosial Nectar of the Lord's Name, Har, Har, is so sweet to my mind. Meeting the True Guru, I drink in this Ambrosial Nectar. ||2||	ਆਤਮਕ ਜੀਵਨ ਦੇਣ ਵਾਲਾ ਪ੍ਰਭੂ ਦਾ ਨਾਮ-ਜਲ ਮੇਰੇ ਮਨ ਵਿਚ ਚੰਗਾ ਲਗ ਰਿਹਾ ਹੈ। ਇਹ ਨਾਮ-ਜਲ ਸਤਿਗੁਰੂ ਨੂੰ ਮਿਲ ਕੇ ਹੀ ਪੀਤਾ ਜਾ ਸਕਦਾ ਹੈ ॥੨॥
3799	95	ਵਡਭਾਗੀ ਹਰਿ ਸੰਗਤਿ ਪਾਵਹਿ॥		Vaddabhaagee Har Sangath Paavehi ||	By great good fortune, the Lord's Congregation is found,	ਵੱਡੇ ਭਾਗਾਂ ਵਾਲੇ ਮਨੁੱਖ ਪ੍ਰਭੂ ਦਾ ਮਿਲਾਪ ਕਰਾਣ ਵਾਲੀ ਸਾਧ ਸੰਗਤਿ ਪ੍ਰਾਪਤ ਕਰਦੇ ਹਨ।

3800	95	ਭਾਗਹੀਨ ਭ੍ਰਮਿ ਚੋਟਾ ਖਾਵਹਿ॥	ਚੋਟਾਂ	Bhaageheen Bhram Chottaa Khaavehi ||	While the unfortunate ones wander around in doubt, enduring painful beatings.	ਪਰ ਨਿਭਾਗੇ ਬੰਦੇ ਭਟਕਣਾ ਪੈ ਕੇ ਚੋਟਾਂ ਖਾਂਦੇ ਹਨ (ਵਿਕਾਰਾਂ ਦੀਆਂ ਸੱਟਾਂ ਸਹਾਰਦੇ ਹਨ)।
3801	95	ਬਿਨੁ ਭਾਗਾ ਸਤਸੰਗੁ ਨ ਲਭੈ ਬਿਨੁ ਸੰਗਤਿ ਮੈਲੁ ਭਰੀਜੈ ਜੀਉ॥੩॥	ਲੱਭੈ। ਭਰੀਜੈ।	Bin Bhaagaa Sathasang N Labhai Bin Sangath Mail Bhareejai Jeeo ||3||	Without good fortune, the Sat Sangat is not found; without this Sangat, people are stained with filth and pollution. ||3||	ਚੰਗੀ ਕਿਸਮਤ ਤੋਂ ਬਿਨਾ ਸਾਧ ਸੰਗਤਿ ਨਹੀਂ ਮਿਲਦੀ। ਸਾਧ ਸੰਗਤਿ ਤੋਂ ਬਿਨਾ (ਮਨੁੱਖ ਦਾ ਮਨ ਵਿਕਾਰਾਂ ਦੀ) ਮੈਲ ਨਾਲ ਲਿਬੜਿਆ ਰਹਿੰਦਾ ਹੈ ॥੩॥
3802	95	ਮੈ ਆਇ ਮਿਲਹੁ ਜਗਜੀਵਨ ਪਿਆਰੇ॥		Mai Aae Milahu Jagajeevan Piaarae ||	Come and meet me, O Life of the World, my Beloved.	ਹੇ ਜਗਤ ਨੂੰ ਜੀਵਨ ਦੇਣ ਵਾਲੇ ਪਿਆਰੇ ਪ੍ਰਭੂ! ਆ ਕੇ ਮੈਨੂੰ ਮਿਲ।
3803	95	ਹਰਿ ਹਰਿ ਨਾਮੁ ਦਇਆ ਮਨਿ ਧਾਰੇ॥		Har Har Naam Dhaeiaa Man Dhhaarae ||	Please bless me with Your Mercy, and enshrine Your Name, Har, Har, within my mind.	ਹੇ ਹਰੀ! ਆਪਣੇ ਮਨ ਵਿਚ ਦਇਆ ਧਾਰ ਕੇ ਮੈਨੂੰ ਆਪਣਾ ਨਾਮ ਦੇਹ।

3804	95	ਗੁਰਮਤਿ ਨਾਮੁ ਮੀਠਾ ਮਨਿ ਭਾਇਆ ਜਨ ਨਾਨਕ ਨਾਮਿ ਮਨੁ ਭੀਜੈ ਜੀਉ॥੪॥੪॥		Guramath Naam Meethaa Man Bhaaeiaa Jan Naanak Naam Man Bheejai Jeeo ||4||4||	Through the Guru's Teachings, the Sweet Name has become pleasing to my mind. Servant Nanak's mind is drenched and delighted with the Naam. ||4||4||	ਹੇ ਦਾਸ ਨਾਨਕ! (ਆਖ-) ਗੁਰੂ ਦੀ ਮਤਿ ਦੀ ਬਰਕਤਿ ਨਾਲ (ਜਿਸ ਮਨੁੱਖ ਦੇ) ਮਨ ਵਿਚ ਪਰਮਾਤਮਾ ਦਾ ਨਾਮ ਮਿੱਠਾ ਲੱਗਦਾ ਹੈ ਪਿਆਰਾ ਲੱਗਦਾ ਹੈ, ਉਸ ਦਾ ਮਨ (ਸਦਾ) ਨਾਮ ਵਿਚ ਹੀ ਭਿੱਜਿਆ ਰਹਿੰਦਾ ਹੈ ॥੪॥੪॥
3805	95	ਮਾਝ ਮਹਲਾ ੪॥		Maajh Mehalaa 4 ||	Maajh, Fourth Mehl:	
3806	95	ਹਰਿ ਗੁਰ ਗਿਆਨੁ ਹਰਿ ਰਸੁ ਹਰਿ ਪਾਇਆ॥		Har Gur Giaan Har Ras Har Paaeiaa ||	Through the Guru, I have obtained the Lord's spiritual wisdom. I have obtained the Sublime Essence of the Lord.	ਮੈਂ ਗੁਰੂ ਦੀ ਦਿੱਤੀ ਹੋਈ ਪਰਮਾਤਮਾ ਨਾਲ ਡੂੰਘੀ ਸਾਂਝ ਪ੍ਰਾਪਤ ਕਰ ਲਈ ਹੈ, ਮੈਨੂੰ ਪਰਮਾਤਮਾ ਦਾ ਨਾਮ-ਰਸ ਮਿਲ ਗਿਆ ਹੈ।
3807	95	ਮਨੁ ਹਰਿ ਰੰਗਿ ਰਾਤਾ ਹਰਿ ਰਸੁ ਪੀਆਇਆ॥		Man Har Rang Raathaa Har Ras Peeaaeiaa ||	My mind is imbued with the Love of the Lord; I drink in the Sublime Essence of the Lord.	ਮੇਰਾ ਮਨ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗਿਆ ਗਿਆ ਹੈ, ਮੈਨੂੰ (ਗੁਰੂ ਨੇ) ਪਰਮਾਤਮਾ ਦਾ ਨਾਮ-ਰਸ ਪਿਲਾ ਦਿੱਤਾ ਹੈ।
3808	95	ਹਰਿ ਹਰਿ ਨਾਮੁ ਮੁਖਿ ਹਰਿ ਹਰਿ ਬੋਲੀ ਮਨੁ ਹਰਿ ਰਸਿ ਟੁਲਿ ਟੁਲਿ ਪਉਦਾ ਜੀਉ॥੧॥	ਟੁਲਿ:ਪੋਲੇ ਬੋਲੋ। (ਟੁਲਿ ਟੁਲਿ) ਡੁੱਲ੍ ਡੁੱਲ੍। (ਪਉਂਦਾ) ਪੈਂਦਾ	Har Har Naam Mukh Har Har Bolee Man Har Ras Ttul Ttul Poudhaa Jeeo ||1||	With my mouth, I chant the Name of the Lord, Har, Har; my mind is filled to overflowing with the Sublime Essence of the Lord. ||1||	(ਹੁਣ) ਮੈਂ ਸਦਾ ਪਰਮਾਤਮਾ ਦਾ ਨਾਮ ਮੂੰਹ ਨਾਲ ਉਚਾਰਦਾ ਰਹਿੰਦਾ ਹਾਂ, ਪਰਮਾਤਮਾ ਦੇ ਨਾਮ-ਰਸ ਵਿਚ ਮੇਰਾ ਮਨ ਉਛਲ ਉਛਲ ਪੈਂਦਾ ਹੈ ॥੧॥

3809	95	ਆਵਹੁ ਸੰਤ ਮੈ ਗਲਿ ਮੇਲਾਈਐ॥		Aavahu Santh Mai Gal Maelaaeeai ||	Come, O Saints, and lead me to my Lord's Embrace.	ਹੇ ਸੰਤ ਜਨੋ! ਆਵੋ, ਮੈਨੂੰ ਆਪਣੇ ਗਲ ਨਾਲ ਲਾ ਲਵੋ,
3810	95	ਮੇਰੇ ਪ੍ਰੀਤਮ ਕੀ ਮੈ ਕਥਾ ਸੁਣਾਈਐ॥		Maerae Preetham Kee Mai Kathhaa Sunaaeeai ||	Recite to me the Sermon of my Beloved.	ਤੇ ਮੈਨੂੰ ਮੇਰੇ ਪ੍ਰੀਤਮ ਪ੍ਰਭੂ ਦੀਆਂ ਸਿਫ਼ਤ-ਸਾਲਾਹ ਦੀਆਂ ਗੱਲਾਂ ਸੁਣਾਵੋ।
3811	95	ਹਰਿ ਕੇ ਸੰਤ ਮਿਲਹੁ ਮਨੁ ਦੇਵਾ ਜੋ ਗੁਰਬਾਣੀ ਮੁਖਿ ਚਉਦਾ ਜੀਉ॥੨॥	(ਦੇਵਾਂ) ਭੇਟਾ ਕਰਾਂ। (ਚਉਂਦਾ) ਉਚਾਰਦਾ	Har Kae Santh Milahu Man Dhaevaa Jo Gurabaanee Mukh Choudhaa Jeeo ||2||	I dedicate my mind to those Saints of the Lord, who chant the Word of the Guru's Bani with their mouths. ||2||	ਹੇ ਪ੍ਰਭੂ ਦੇ ਸੰਤ ਜਨੋ! ਮੈਨੂੰ ਮਿਲੋ। ਜੇਹੜਾ ਕੋਈ ਸਤਿਗੁਰੂ ਦੀ ਬਾਣੀ ਮੂੰਹ ਨਾਲ ਉਚਾਰਦਾ ਹੈ (ਤੇ ਮੈਨੂੰ ਸੁਣਾਂਦਾ ਹੈਂ) ਮੈਂ ਆਪਣਾ ਮਨ ਉਸ ਦੇ ਹਵਾਲੇ ਕਰਦਾ ਹਾਂ ॥੨॥
3812	95	ਵਡਭਾਗੀ ਹਰਿ ਸੰਤੁ ਮਿਲਾਇਆ॥		Vaddabhaagee Har Santh Milaaeiaa ||	By great good fortune, the Lord has led me to meet His Saint.	ਮੇਰੇ ਵੱਡੇ ਭਾਗਾਂ ਨਾਲ ਪਰਮਾਤਮਾ ਨੇ ਮੈਨੂੰ ਗੁਰੂ ਮਿਲਾ ਦਿੱਤਾ,
3813	95	ਗੁਰਿ ਪੂਰੈ ਹਰਿ ਰਸੁ ਮੁਖਿ ਪਾਇਆ॥		Gur Poorai Har Ras Mukh Paaeiaa ||	The Perfect Guru has placed the Sublime Essence of the Lord into my mouth.	ਤੇ (ਉਸ) ਪੂਰੇ ਗੁਰੂ ਨੇ ਪਰਮਾਤਮਾ ਦਾ ਨਾਮ-ਰਸ ਮੇਰੇ ਮੂੰਹ ਵਿਚ ਪਾ ਦਿੱਤਾ ਹੈ।

3814	95	ਭਾਗਹੀਨ ਸਤਿਗੁਰੁ ਨਹੀ ਪਾਇਆ ਮਨਮੁਖੁ ਗਰਭ ਜੂਨੀ ਨਿਤਿ ਪਉਦਾ ਜੀਉ॥੩॥	ਪਉਂਦਾ	Bhaageheen Sathigur Nehee Paaeiaa Manamukh Garabh Joonee Nith Poudhaa Jeeo ||3||	The unfortunate ones do not find the True Guru; the self-willed manmukhs continually endure reincarnation through the womb. ||3||	ਨਿਭਾਗੇ ਬੰਦਿਆਂ ਨੂੰ ਹੀ ਸਤਿਗੁਰੂ ਨਹੀਂ ਮਿਲਦਾ। ਜੇਹੜਾ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਰਹਿੰਦਾ ਹੈ, ਉਹ ਸਦਾ ਜੂਨਾਂ ਦੇ ਗੇੜ ਵਿਚ ਪਿਆ ਰਹਿੰਦਾ ਹੈ ॥੩॥
3815	95	ਆਪਿ ਦਇਆਲਿ ਦਇਆ ਪ੍ਰਭਿ ਧਾਰੀ॥		Aap Dhaeiaal Dhaeiaa Prabh Dhhaaree ||	God, the Merciful, has Himself bestowed His Mercy.	ਦਇਆ ਦੇ ਘਰ ਪ੍ਰਭੂ ਨੇ ਜਿਸ ਮਨੁੱਖ ਉੱਤੇ ਮਿਹਰ ਕੀਤੀ,
3816	95	ਮਲੁ ਹਉਮੈ ਬਿਖਿਆ ਸਭ ਨਿਵਾਰੀ॥	(ਬਿਖਿਆ) ਜ਼ਹਿਰ	Mal Houmai Bikhiaa Sabh Nivaaree ||	He has totally removed the poisonous pollution of egotism.	ਉਸ ਨੇ (ਆਪਣੇ ਅੰਦਰੋਂ) ਹਉਮੈ ਦੀ ਮੈਲ ਮਾਇਆ ਦੀ ਮੈਲ ਸਾਰੀ ਹੀ ਦੂਰੀ ਕਰ ਲਈ।
3817	95	ਨਾਨਕ ਹਟ ਪਟਣ ਵਿਚਿ ਕਾਂਇਆ ਹਰਿ ਲੈਂਦੇ ਗੁਰਮੁਖਿ ਸਉਦਾ ਜੀਉ॥੪॥੫॥	ਹੱਟ। (ਪਟਣ) ਸ਼ਹਿਰ। ਸਉੱਦਾ: ਬਿੰਦੀ ਨਹੀਂ ਲੌਣੀ	Naanak Hatt Pattan Vich Kaaneiaa Har Lainadhae Guramukh Soudhaa Jeeo ||4||5||	O Nanak, in the shops of the city of the human body, the Gurmukhs buy the merchandise of the Lord's Name. ||4||5||	ਹੇ ਨਾਨਕ! ਜੇਹੜੇ ਮਨੁੱਖ ਗੁਰੂ ਦੇ ਸਨਮੁਖ ਹੁੰਦੇ ਹਨ, ਉਹ (ਆਪਣੇ) ਸਰੀਰ-ਹੱਟ ਵਿਚ ਹੀ ਸਰੀਰ-ਸ਼ਹਰ ਵਿਚ ਹੀ (ਟਿਕ ਕੇ) ਪਰਮਾਤਮਾ ਦੇ ਨਾਮ ਦਾ ਸੌਦਾ ਖ਼ਰੀਦਦੇ ਹਨ ॥੪॥੫॥
3818	95	ਮਾਝ ਮਹਲਾ ੪॥		Maajh Mehalaa 4 ||	Maajh, Fourth Mehl:	

3819	95	ਹਉ ਗੁਣ ਗੋਵਿੰਦ ਹਰਿ ਨਾਮੁ ਧਿਆਈ॥		Ho Gun Govindh Har Naam Dhhiaaee ||	I meditate on the Glorious Praises of the Lord of the Universe, and the Name of the Lord.	(ਮੇਰੀ ਅਰਦਾਸਿ ਹੈ ਕਿ) ਮੈਂ ਗੋਬਿੰਦ ਦੇ ਗੁਣ ਗਾਵਾਂ, ਮੈਂ ਹਰੀ ਦਾ ਨਾਮ ਸਿਮਰਾਂ,
3820	95	ਮਿਲਿ ਸੰਗਤਿ ਮਨਿ ਨਾਮੁ ਵਸਾਈ॥		Mil Sangath Man Naam Vasaaee ||	Joining the Sangat, the Holy Congregation, the Name comes to dwell in the mind.	ਤੇ ਸਾਧ ਸੰਗਤਿ ਵਿਚ ਮਿਲ ਕੇ ਮੈਂ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਵਾਂ।
3821	95	ਹਰਿ ਪ੍ਰਭ ਅਗਮ ਅਗੋਚਰ ਸੁਆਮੀ ਮਿਲਿ ਸਤਿਗੁਰ ਹਰਿ ਰਸੁ ਕੀਚੈ ਜੀਉ॥੧॥	ਅ-ਗਮ: ਪੋਲਾ ਬੋਲੋ। (ਅਗਮ) ਸੋਗ ਰਹਿਤ	Har Prabh Agam Agochar Suaamee Mil Sathigur Har Ras Keechai Jeeo ||1||	The Lord God is our Lord and Master, Inaccessible and Unfathomable. Meeting the True Guru, I enjoy the Sublime Essence of the Lord. ||1||	ਹੇ ਹਰੀ! ਹੇ ਪ੍ਰਭੂ! ਹੇ ਅਪਹੁੰਚ (ਪ੍ਰਭੂ)! ਹੇ ਅਗੋਚਰ (ਪ੍ਰਭੂ)! ਹੇ ਸੁਆਮੀ! (ਜੇ ਤੇਰੀ ਮਿਹਰ ਹੋਵੇ ਤਾਂ) ਸਤਿਗੁਰੂ ਨੂੰ ਮਿਲ ਕੇ ਤੇਰੇ ਨਾਮ ਦਾ ਆਨੰਦ ਮਾਣਿਆ ਜਾ ਸਕਦਾ ਹੈ ॥੧॥
3822	96	ਧਨੁ ਧਨੁ ਹਰਿ ਜਨ ਜਿਨਿ ਹਰਿ ਪ੍ਰਭੁ ਜਾਤਾ॥	(ਜੱਾਤਾ) ਜਾਣੇ	Dhhan Dhhan Har Jan Jin Har Prabh Jaathaa ||	Blessed, blessed are the humble servants of the Lord, who know the Lord God.	ਭਾਗਾਂ ਵਾਲੇ ਹਨ ਪਰਮਾਤਮਾ ਦੇ ਉਹ ਸੇਵਕ ਜਿਨ੍ਹਾਂ ਨੇ ਹਰਿ-ਪ੍ਰਭੂ ਨਾਲ ਡੂੰਘੀ ਸਾਂਝ ਪਾ ਰੱਖੀ ਹੈ।
3823	96	ਜਾਇ ਪੁਛਾ ਜਨ ਹਰਿ ਕੀ ਬਾਤਾ॥		Jaae Pushhaa Jan Har Kee Baathaa ||	I go and ask those humble servants about the Mysteries of the Lord.	(ਮੇਰਾ ਜੀ ਲੋਚਦਾ ਹੈ ਕਿ) ਮੈਂ ਉਹਨਾਂ ਹਰਿ-ਜਨਾਂ ਕੋਲ ਜਾ ਕੇ ਹਰੀ ਦੀਆਂ ਸਿਫ਼ਤ-ਸਾਲਾਹ ਦੀਆਂ ਗੱਲਾਂ ਪੁੱਛਾਂ।

3824	96	ਪਾਵ ਮਲੋਵਾ ਮਲਿ ਮਲਿ ਧੋਵਾ ਮਿਲਿ ਹਰਿ ਜਨ ਹਰਿ ਰਸੁ ਪੀਚੈ ਜੀਉ॥੨॥		Paav Malovaa Mal Mal Dhhovaa Mil Har Jan Har Ras Peechai Jeeo ||2||	I wash and massage their feet; joining with the humble servants of the Lord, I drink in the Sublime Essence of the Lord. ||2||	ਮੈ ਉਹਨਾਂ ਦੇ ਪੈਰ ਘੁੱਟਾਂ, (ਉਹਨਾਂ ਦੇ ਪੈਰ) ਮਲ ਮਲ ਕੇ ਧੋਵਾਂ। ਹਰੀ ਦੇ ਸੇਵਕਾਂ ਨੂੰ ਹੀ ਮਿਲ ਕੇ ਹਰੀ ਦਾ ਨਾਮ-ਰਸ ਪੀਤਾ ਜਾ ਸਕਦਾ ਹੈ ॥੨॥
3825	96	ਸਤਿਗੁਰ ਦਾਤੈ ਨਾਮੁ ਦਿੜਾਇਆ॥		Sathigur Dhaathai Naam Dhirraaeiaa ||	The True Guru, the Giver, has implanted the Naam, the Name of the Lord, within me.	(ਨਾਮ ਦੀ ਦਾਤਿ) ਦੇਣ ਵਾਲੇ ਸਤਿਗੁਰੂ ਨੇ ਪਰਮਾਤਮਾ ਦਾ ਨਾਮ ਮੇਰੇ ਹਿਰਦੇ ਵਿਚ ਪੱਕਾ ਕਰ ਦਿੱਤਾ ਹੈ,
3826	96	ਵਡਭਾਗੀ ਗੁਰ ਦਰਸਨੁ ਪਾਇਆ॥		Vaddabhaagee Gur Dharasan Paaeiaa ||	By great good fortune, I have obtained the Blessed Vision of the Guru's Darshan.	ਵੱਡੇ ਭਾਗਾਂ ਨਾਲ ਮੈਨੂੰ ਗੁਰੂ ਦਾ ਦਰਸ਼ਨ ਪ੍ਰਾਪਤ ਹੋਇਆ।
3827	96	ਅੰਮ੍ਰਿਤ ਰਸੁ ਸਚੁ ਅੰਮ੍ਰਿਤੁ ਬੋਲੀ ਗੁਰਿ ਪੂਰੈ ਅੰਮ੍ਰਿਤੁ ਲੀਚੈ ਜੀਉ॥੩॥		Anmrith Ras Sach Anmrith Bolee Gur Poorai Anmrith Leechai Jeeo ||3||	The True Essence is Ambrosial Nectar; through the Ambrosial Words of the Perfect Guru, this Amrit is obtained. ||3||	ਹੁਣ ਮੈਂ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਮਾਣਦਾ ਹਾਂ ਤੇ ਸਦਾ ਕਾਇਮ ਰਹਿਣ ਵਾਲਾ ਅੰਮ੍ਰਿਤ ਨਾਮ (ਮੂੰਹੋਂ) ਉਚਾਰਦਾ ਹਾਂ। ਪੂਰੇ ਗੁਰੂ ਦੀ ਰਾਹੀਂ (ਹੀ) ਇਹ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਲਿਆ ਜਾ ਸਕਦਾ ਹੈ ॥੩॥

3828	96	ਹਰਿ ਸਤਸੰਗਤਿ ਸਤ ਪੁਰਖੁ ਮਿਲਾਈਐ॥		Har Sathasangath Sath Purakh Milaaeeai ||	O Lord, lead me to the Sat Sangat, the True Congregation, and the true beings.	ਹੇ ਹਰੀ! ਮੈਨੂੰ ਸਾਧ ਸੰਗਤਿ ਮਿਲਾ, ਮੈਨੂੰ ਸਤਿਗੁਰੂ ਮਿਲਾ।
3829	96	ਮਿਲਿ ਸਤਸੰਗਤਿ ਹਰਿ ਨਾਮੁ ਧਿਆਈਐ॥		Mil Sathasangath Har Naam Dhhiaaeeai ||	Joining the Sat Sangat, I meditate on the Lord's Name.	ਸਾਧ ਸੰਗਤਿ ਵਿਚ ਮਿਲ ਕੇ ਹੀ ਹਰਿ-ਨਾਮ ਸਿਮਰਿਆ ਜਾ ਸਕਦਾ ਹੈ।
3830	96	ਨਾਨਕ ਹਰਿ ਕਥਾ ਸੁਣੀ ਮੁਖਿ ਬੋਲੀ ਗੁਰਮਤਿ ਹਰਿ ਨਾਮਿ ਪਰੀਚੈ ਜੀਉ॥੪॥੬॥		Naanak Har Kathhaa Sunee Mukh Bolee Guramath Har Naam Pareechai Jeeo ||4||6||	O Nanak, I listen and chant the Lord's Sermon; through the Guru's Teachings, I am fulfilled by the Name of the Lord. ||4||6||	ਹੇ ਨਾਨਕ! (ਅਰਦਾਸ ਕਰ ਕਿ ਸਾਧ ਸੰਗਤਿ ਵਿਚ ਮਿਲ ਕੇ ਗੁਰੁ ਦੀ ਸਰਨ ਪੈ ਕੇ) ਮੈਂ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਸੁਣਦਾ ਰਹਾਂ ਤੇ ਮੂੰਹੋਂ ਬੋਲਦਾ ਰਹਾਂ। ਗੁਰੂ ਦੀ ਮਤਿ ਲੈ ਕੇ (ਮਨ) ਪਰਮਾਤਮਾ ਦੇ ਨਾਮ ਵਿਚ ਪਰਚਿਆ ਰਹਿੰਦਾ ਹੈ ॥੪॥੬॥
3831	96	ਮਾਝ ਮਹਲਾ ੪॥		Maajh Mehalaa 4 ||	Maajh, Fourth Mehl:	
3832	96	ਆਵਹੁ ਭੈਣੇ ਤੁਸੀ ਮਿਲਹੁ ਪਿਆਰੀਆ॥		Aavahu Bhainae Thusee Milahu Piaareeaa ||	Come, dear sisters-let us join together.	ਹੇ ਪਿਆਰੀ ਭੈਣੋ! (ਹੇ ਸਤਸੰਗੀਹੋ!) ਤੁਸੀ ਆਵੋ ਤੇ ਰਲ ਕੇ ਬੈਠੋ।
3833	96	ਜੋ ਮੇਰਾ ਪ੍ਰੀਤਮੁ ਦਸੇ ਤਿਸ ਕੈ ਹਉ ਵਾਰੀਆ॥	ਦੱਸੇ	Jo Maeraa Preetham Dhasae This Kai Ho Vaareeaa ||	I am a sacrifice to the one who tells me of my Beloved.	ਜੇਹੜੀ ਭੈਣ ਮੈਨੂੰ ਮੇਰੇ ਪ੍ਰੀਤਮ ਦੀ ਦੱਸ ਪਾਇਗੀ, ਮੈਂ ਉਸ ਤੋਂ ਸਦਕੇ ਜਾਵਾਂਗੀ।

3834	96	ਮਿਲਿ ਸਤਸੰਗਤਿ ਲਧਾ ਹਰਿ ਸਜਣੁ ਹਉ ਸਤਿਗੁਰ ਵਿਟਹੁ ਘੁਮਾਈਆ ਜੀਉ॥੧॥	ਲੱਧਾ	Mil Sathasangath Ladhhaa Har Sajan Ho Sathigur Vittahu Ghumaaeeaa Jeeo ||1||	Joining the Sat Sangat, the True Congregation, I have found the Lord, my Best Friend. I am a sacrifice to the True Guru. ||1||	ਸਾਧ ਸੰਗਤਿ ਵਿਚ ਮਿਲ ਕੇ (ਗੁਰੂ ਦੀ ਰਾਹੀਂ) ਮੈਂ ਸੱਜਣ ਪ੍ਰਭੂ ਲੱਭਾ ਹੈ, ਮੈਂ ਗੁਰੂ ਤੋਂ ਕੁਰਬਾਨ ਜਾਂਦੀ ਹਾਂ ॥੧॥
3835	96	ਜਹ ਜਹ ਦੇਖਾ ਤਹ ਤਹ ਸੁਆਮੀ॥		Jeh Jeh Dhaekhaa Theh Theh Suaamee ||	Wherever I look, there I see my Lord and Master.	ਹੇ ਸੁਆਮੀ! ਮੈਂ ਜਿਧਰ ਜਿਧਰ ਵੇਖਦਾ ਹਾਂ ਉਧਰ ਉਧਰ ਹੀ ਤੂੰ ਹੈਂ।
3836	96	ਤੂ ਘਟਿ ਘਟਿ ਰਵਿਆ ਅੰਤਰਜਾਮੀ॥		Thoo Ghatt Ghatt Raviaa Antharajaamee ||	You are permeating each and every heart, O Lord, Inner-knower, Searcher of Hearts.	ਹੇ ਅੰਤਰਜਾਮੀ! ਤੂੰ ਹਰੇਕ ਸਰੀਰ ਵਿਚ ਵਿਆਪਕ ਹੈਂ।
3837	96	ਗੁਰਿ ਪੂਰੈ ਹਰਿ ਨਾਲਿ ਦਿਖਾਲਿਆ ਹਉ ਸਤਿਗੁਰ ਵਿਟਹੁ ਸਦ ਵਾਰਿਆ ਜੀਉ॥੨॥		Gur Poorai Har Naal Dhikhaaliaa Ho Sathigur Vittahu Sadh Vaariaa Jeeo ||2||	The Perfect Guru has shown me that the Lord is always with me. I am forever a sacrifice to the True Guru. ||2||	ਮੈਂ ਪੂਰੇ ਗੁਰੂ ਤੋਂ ਸਦਾ ਕੁਰਬਾਨ ਜਾਂਦਾ ਹਾਂ, ਪੂਰੇ ਗੁਰੂ ਨੇ ਮੈਨੂੰ ਪਰਮਾਤਮਾ ਮੇਰੇ ਨਾਲ ਵੱਸਦਾ ਵਿਖਾ ਦਿੱਤਾ ਹੈ ॥੨॥

3838	96	ਏਕੋ ਪਵਣੁ ਮਾਟੀ ਸਭ ਏਕਾ ਸਭ ਏਕਾ ਜੋਤਿ ਸਬਾਈਆ॥		Eaeko Pavan Maattee Sabh Eaekaa Sabh Eaekaa Joth Sabaaeeaa ||	There is only one breath; all are made of the same clay; the light within all is the same.	(ਹੇ ਭਾਈ!) (ਸਾਰੇ ਸਰੀਰਾਂ ਵਿਚ) ਇਕੋ ਹੀ ਹਵਾ (ਸੁਆਸ) ਹੈ, ਮਿੱਟੀ ਤੱਤ ਭੀ ਸਾਰੇ ਸਰੀਰਾਂ ਦਾ ਇਕੋ ਹੀ ਹੈ ਤੇ ਸਾਰੇ ਸਰੀਰਾਂ ਵਿਚ ਇਕੋ ਹੀ ਰੱਬੀ ਜੋਤਿ ਮੌਜੂਦ ਹੈ।
3839	96	ਸਭ ਇਕਾ ਜੋਤਿ ਵਰਤੈ ਭਿਨਿ ਭਿਨਿ ਨ ਰਲਈ ਕਿਸੈ ਦੀ ਰਲਾਈਆ॥		Sabh Eikaa Joth Varathai Bhin Bhin N Ralee Kisai Dhee Ralaaeeaa ||	The One Light pervades all the many and various beings. This Light intermingles with them, but it is not diluted or obscured.	ਸਭਨਾਂ ਵਿਚ ਇਕੋ ਹੀ ਜੋਤਿ ਕੰਮ ਕਰ ਰਹੀ ਹੈ। ਵਖ ਵਖ (ਦਿੱਸਦੇ) ਹਰੇਕ ਸਰੀਰ ਵਿਚ ਇਕੋ ਜੋਤਿ ਹੈ, ਪਰ (ਮਾਇਆ ਵੇੜ੍ਹੇ ਜੀਵਾਂ ਨੂੰ) ਕਿਸੇ ਦੀ ਜੋਤਿ ਦੂਜੇ ਦੀ ਜੋਤਿ ਨਾਲ ਰਲਾਇਆਂ ਰਲਦੀ ਨਹੀਂ ਦਿੱਸਦੀ (ਜੋਤਿ ਸਾਂਝੀ ਨਹੀਂ ਜਾਪਦੀ)।
3840	96	ਗੁਰ ਪਰਸਾਦੀ ਇਕੁ ਨਦਰੀ ਆਇਆ ਹਉ ਸਤਿਗੁਰ ਵਿਟਹੁ ਵਤਾਇਆ ਜੀਉ॥੩॥		Gur Parasaadhee Eik Nadharee Aaeiaa Ho Sathigur Vittahu Vathaaeiaa Jeeo ||3||	By Guru's Grace, I have come to see the One. I am a sacrifice to the True Guru. ||3||	ਗੁਰੂ ਦੀ ਕਿਰਪਾ ਨਾਲ ਮੈਨੂੰ ਹਰੇਕ ਵਿਚ ਇਕ ਪਰਮਾਤਮਾ ਹੀ ਦਿੱਸ ਪਿਆ ਹੈ। ਮੈਂ ਗੁਰੂ ਤੋਂ ਕੁਰਬਾਨ ਹਾਂ ॥੩॥
3841	96	ਜਨੁ ਨਾਨਕੁ ਬੋਲੈ ਅੰਮ੍ਰਿਤ ਬਾਣੀ॥		Jan Naanak Bolai Anmrith Baanee ||	Servant Nanak speaks the Ambrosial Bani of the Word.	ਦਾਸ ਨਾਨਕ ਆਤਮਕ ਜੀਵਨ ਦੇਣ ਵਾਲੀ ਗੁਰੂ ਦੀ ਬਾਣੀ (ਸਦਾ) ਉਚਾਰਦਾ ਹੈ।

3842	96	ਗੁਰਸਿਖਾਂ ਕੈ ਮਨਿ ਪਿਆਰੀ ਭਾਣੀ॥	(ਭਾਣੀ) ਚੰਗੀ ਲੱਗੀ	Gurasikhaan Kai Man Piaaree Bhaanee ||	It is dear and pleasing to the minds of the GurSikhs.	ਗੁਰੂ ਦੇ ਸਿੱਖਾਂ ਦੇ ਮਨ ਵਿਚ ਇਹ ਬਾਣੀ ਪਿਆਰੀ ਲੱਗਦੀ ਹੈ ਮਿੱਠੀ ਲੱਗਦੀ ਹੈ।
3843	96	ਉਪਦੇਸੁ ਕਰੇ ਗੁਰੁ ਸਤਿਗੁਰੁ ਪੂਰਾ ਗੁਰੁ ਸਤਿਗੁਰੁ ਪਰਉਪਕਾਰੀਆ ਜੀਉ॥੪॥੭॥	ਪਰ-ਉਪਕਾਰੀਆ	Oupadhaes Karae Gur Sathigur Pooraa Gur Sathigur Paroupakaareeaa Jeeo ||4||7||	The Guru, the Perfect True Guru, shares the Teachings. The Guru, the True Guru, is Generous to all. ||4||7||	ਪੂਰਾ ਗੁਰੂ ਪੂਰਾ ਸਤਿਗੁਰੂ (ਇਹੀ) ਉਸਦੇਸ਼ ਕਰਦਾ ਹੈ (ਕਿ ਸਭ ਜੀਵਾਂ ਵਿਚ ਇਕੋ ਪਰਮਾਤਮਾ ਦੀ ਜੋਤਿ ਹੀ ਵਰਤ ਰਹੀ ਹੈ)। ਪੂਰਾ ਗੁਰੂ ਹੋਰਨਾਂ ਦਾ ਭਲਾ ਕਰਨ ਵਾਲਾ ਹੈ ॥੪॥੭॥
3844	96	ਸਤ ਚਉਪਦੇ ਮਹਲੇ ਚਉਥੇ ਕੇ॥		Sath Choupadhae Mehalae Chouthhae Kae ||	Seven Chau-Padas Of The Fourth Mehl. ||	
3845	96	ਮਾਝ ਮਹਲਾ ੫ ਚਉਪਦੇ ਘਰੁ ੧॥		Maajh Mehalaa 5 Choupadhae Ghar 1 ||	Maajh, Fifth Mehl, Chau-Padas, First House:	
3846	96	ਮੇਰਾ ਮਨੁ ਲੋਚੈ ਗੁਰ ਦਰਸਨ ਤਾਈ॥	ਤਾਂਈਂ	Maeraa Man Lochai Gur Dharasan Thaaee ||	My mind longs for the Blessed Vision of the Guru's Darshan.	ਗੁਰੂ ਦਾ ਦਰਸਨ ਕਰਨ ਲਈ ਮੇਰਾ ਮਨ ਬੜੀ ਤਾਂਘ ਕਰ ਰਿਹਾ ਹੈ।
3847	96	ਬਿਲਪ ਕਰੇ ਚਾਤ੍ਰਿਕ ਕੀ ਨਿਆਈ॥	(ਬਿਲਪ) ਵਿਰਲਾਪ। (ਚਾਤ੍ਰਿਕ) ਬਬੀਹੇ (ਨਿਆਈ) ਵਾਂਗ	Bilap Karae Chaathrik Kee Niaaee ||	It cries out like the thirsty song-bird.	(ਜਿਵੇਂ ਪਪੀਹਾ ਸ੍ਵਾਂਤੀ ਬੂੰਦ ਲਈ ਤਰਲੇ ਲੈਂਦਾ ਹੈ) ਪਪੀਹੇ ਵਾਂਗ (ਮੇਰਾ ਮਨ ਗੁਰੂ ਦੇ ਦਰਸਨ ਲਈ) ਤਰਲੇ ਲੈ ਰਿਹਾ ਹੈ।

3848	96	ਤ੍ਰਿਖਾ ਨ ਉਤਰੈ ਸਾਂਤਿ ਨ ਆਵੈ ਬਿਨੁ ਦਰਸਨ ਸੰਤ ਪਿਆਰੇ ਜੀਉ॥੧॥	(ਤ੍ਰਿਖਾ) ਪਿਆਸ	Thrikhaa N Outharai Saanth N Aavai Bin Dharasan Santh Piaarae Jeeo ||1||	My thirst is not quenched, and I can find no peace, without the Blessed Vision of the Beloved Saint. ||1||	ਪਿਆਰੇ ਸੰਤ-ਗੁਰੂ ਦੇ ਦਰਸਨ ਤੋਂ ਬਿਨਾ (ਦਰਸਨ ਦੀ ਮੇਰੀ ਆਤਮਕ) ਤ੍ਰੇਹ ਮਿਟਦੀ ਨਹੀਂ, ਮੇਰੇ ਮਨ ਨੂੰ ਧੀਰਜ ਨਹੀਂ ਆਉਂਦੀ ॥੧॥
3849	96	ਹਉ ਘੋਲੀ ਜੀਉ ਘੋਲਿ ਘੁਮਾਈ ਗੁਰ ਦਰਸਨ ਸੰਤ ਪਿਆਰੇ ਜੀਉ॥੧॥ਰਹਾਉ॥	(ਘੋਲੀ) ਕੁਰਬਾਨ, (ਘੋਲਿ ਘੁਮਾਈ) ਵਾਰ ਵਾਰ ਕੁਰਬਾਨ	Ho Gholee Jeeo Ghol Ghumaaee Gur Dharasan Santh Piaarae Jeeo ||1|| Rehaao ||	I am a sacrifice, my soul is a sacrifice, to the Blessed Vision of the Beloved Saint Guru. ||1||Pause||	ਮੈਂ ਪਿਆਰੇ ਸੰਤ-ਗੁਰੂ ਦੇ ਦਰਸਨ ਤੋਂ ਕੁਰਬਾਨ ਹਾਂ, ਸਦਕੇ ਹਾਂ ॥੧॥ ਰਹਾਉ ॥
3850	96	ਤੇਰਾ ਮੁਖੁ ਸੁਹਾਵਾ ਜੀਉ ਸਹਜ ਧੁਨਿ ਬਾਣੀ॥	(ਸੁਹਾਵਾ) ਸੋਭਨੀਕ	Thaeraa Mukh Suhaavaa Jeeo Sehaj Dhhun Baanee ||	Your Face is so Beautiful, and the Sound of Your Words imparts intuitive wisdom.	ਹੇ ਧਨੁਖ-ਧਾਰੀ ਪ੍ਰਭੂ ਜੀ! ਤੇਰਾ ਮੂੰਹ (ਤੇਰੇ ਮੂੰਹ ਦਾ ਦਰਸਨ) ਸੁਖ ਦੇਣ ਵਾਲਾ ਹੈ (ਠੰਢ ਪਾਣ ਵਾਲਾ ਹੈ) ਤੇਰੀ ਸਿਫ਼ਤ-ਸਾਲਾਹ (ਮੇਰੇ ਅੰਦਰ) ਆਤਮਕ ਅਡੋਲਤਾ ਦੀ ਲਹਰ ਪੈਦਾ ਕਰਦੀ ਹੈ।
3851	96	ਚਿਰੁ ਹੋਆ ਦੇਖੇ ਸਾਰਿੰਗਪਾਣੀ॥	ਸਾਰਿੰਗ-ਪਾਣੀ	Chir Hoaa Dhaekhae Saaringapaanee ||	It is so long since this rainbird has had even a glimpse of water.	ਹੇ ਧਨੁਖ-ਧਾਰੀ! ਤੇਰੇ ਦਰਸਨ ਕੀਤਿਆਂ ਚਿਰ ਹੋ ਗਿਆ ਹੈ।

3852	96	ਧੰਨੁ ਸੁ ਦੇਸੁ ਜਹਾ ਤੂੰ ਵਸਿਆ ਮੇਰੇ ਸਜਣ ਮੀਤ ਮੁਰਾਰੇ ਜੀਉ॥੨॥	(ਮੁਰਾਰੇ) ਵਾਹਿਗੁਰੂ	Dhhann S Dhaes Jehaa Thoon Vasiaa Maerae Sajan Meeth Muraarae Jeeo ||2||	Blessed is that land where You dwell, O my Friend and Intimate Divine Guru. ||2||	ਹੇ ਮੇਰੇ ਸੱਜਣ ਪ੍ਰਭੂ! ਹੇ ਮੇਰੇ ਮਿਤ੍ਰ ਪ੍ਰਭੂ! ਉਹ ਹਿਰਦਾ-ਦੇਸ ਭਾਗਾਂ ਵਾਲਾ ਹੈ ਜਿਸ ਵਿਚ ਤੂੰ (ਸਦਾ) ਵੱਸਦਾ ਹੈਂ ॥੨॥
3853	96	ਹਉ ਘੋਲੀ ਹਉ ਘੋਲਿ ਘੁਮਾਈ ਗੁਰ ਸਜਣ ਮੀਤ ਮੁਰਾਰੇ ਜੀਉ॥੧॥ਰਹਾਉ॥		Ho Gholee Ho Ghol Ghumaaee Gur Sajan Meeth Muraarae Jeeo ||1|| Rehaao ||	I am a sacrifice, I am forever a sacrifice, to my Friend and Intimate Divine Guru. ||1||Pause||	ਹੇ ਮੇਰੇ ਸੱਜਣ ਗੁਰੂ! ਹੇ ਮੇਰੇ ਮਿਤ੍ਰ-ਪ੍ਰਭੂ! ਮੈਂ ਤੈਥੋਂ ਕੁਰਬਾਨ ਹਾਂ, ਸਦਕੇ ਹਾਂ ॥੧॥ ਰਹਾਉ ॥
3854	96	ਇਕ ਘੜੀ ਨ ਮਿਲਤੇ ਤਾ ਕਲਿਜੁਗੁ ਹੋਤਾ॥		Eik Gharree N Milathae Thaa Kalijug Hothaa ||	When I could not be with You for just one moment, the Dark Age of Kali Yuga dawned for me.	ਹੇ ਪਿਆਰੇ ਭਗਵਾਨ! ਜਦੋਂ ਮੈਂ ਤੈਨੂੰ ਇਕ ਘੜੀ ਭਰ ਭੀ ਨਹੀਂ ਮਿਲਦਾ ਤਾਂ ਮੇਰੇ ਭਾ ਦਾ ਕਲਿਜੁਗ ਹੋ ਜਾਂਦਾ ਹੈ।
3855	96	ਹੁਣਿ ਕਦਿ ਮਿਲੀਐ ਪ੍ਰਿਅ ਤੁਧੁ ਭਗਵੰਤਾ॥	(ਪ੍ਰਿਅ) ਪਿਆਰੇ (ਭਗਵੰਤਾ) ਵਾਹਿਗੁਰੂ ਜੀ	Hun Kadh Mileeai Pria Thudhh Bhagavanthaa ||	When will I meet You, O my Beloved Lord?	(ਮੈਂ ਤੇਰੇ ਵਿਛੋੜੇ ਵਿਚ ਬਿਹਬਲ ਹਾਂ) ਦੱਸ ਹੁਣ ਤੈਨੂੰ ਮੈਂ ਕਦੋਂ ਮਿਲ ਸਕਾਂਗਾ।

3856	97	ਮੋਹਿ ਰੈਣਿ ਨ ਵਿਹਾਵੈ ਨੀਦ ਨ ਆਵੈ ਬਿਨੁ ਦੇਖੇ ਗੁਰ ਦਰਬਾਰੇ ਜੀਉ॥੩॥	(ਰੈਣਿ) ਰਾਤ ਨ (ਵਿਹਾਵੈ) ਬਤੀਤ ਹੋਵੇ	Mohi Rain N Vihaavai Needh N Aavai Bin Dhaekhae Gur Dharabaarae Jeeo ||3||	I cannot endure the night, and sleep does not come, without the Sight of the Beloved Guru's Court. ||3||	(ਹੇ ਭਾਈ! ਗੁਰੂ ਦੀ ਸਰਨ ਤੋਂ ਬਿਨਾ ਪਰਮਾਤਮਾ ਨਾਲ ਮਿਲਾਪ ਨਹੀਂ ਹੋ ਸਕਦਾ, ਤਾਹੀਏਂ) ਗੁਰੂ ਦੇ ਦਰਬਾਰ ਦਾ ਦਰਸਨ ਕਰਨ ਤੋਂ ਬਿਨਾ ਮੇਰੀ (ਜ਼ਿੰਦਗੀ ਦੀ) ਰਾਤ (ਸੌਖੀ) ਨਹੀਂ ਲੰਘਦੀ, ਮੇਰੇ ਅੰਦਰ ਸ਼ਾਂਤੀ ਨਹੀਂ ਆਉਂਦੀ ॥੩॥
3857	97	ਹਉ ਘੋਲੀ ਜੀਉ ਘੋਲਿ ਘੁਮਾਈ ਤਿਸੁ ਸਚੇ ਗੁਰ ਦਰਬਾਰੇ ਜੀਉ॥੧॥ਰਹਾਉ॥		Ho Gholee Jeeo Ghol Ghumaaee This Sachae Gur Dharabaarae Jeeo ||1|| Rehaao ||	I am a sacrifice, my soul is a sacrifice, to that True Court of the Beloved Guru. ||1||Pause||	ਮੈਂ ਗੁਰੂ ਦੇ ਦਰਬਾਰ ਤੋਂ ਸਦਕੇ ਹਾਂ ਕੁਰਬਾਨ ਹਾਂ ਜੋ ਸਦਾ ਅਟੱਲ ਰਹਿਣ ਵਾਲਾ ਹੈ ॥੧॥ ਰਹਾਉ ॥
3858	97	ਭਾਗੁ ਹੋਆ ਗੁਰਿ ਸੰਤੁ ਮਿਲਾਇਆ॥		Bhaag Hoaa Gur Santh Milaaeiaa ||	By good fortune, I have met the Saint Guru.	ਮੇਰੇ ਭਾਗ ਜਾਗ ਪਏ ਹਨ, ਗੁਰੂ ਨੇ ਮੈਨੂੰ ਸ਼ਾਂਤੀ ਦਾ ਸੋਮਾ ਪਰਮਾਤਮਾ ਮਿਲਾ ਦਿੱਤਾ ਹੈ।
3859	97	ਪ੍ਰਭੁ ਅਬਿਨਾਸੀ ਘਰ ਮਹਿ ਪਾਇਆ॥		Prabh Abinaasee Ghar Mehi Paaeiaa ||	I have found the Immortal Lord within the home of my own self.	(ਗੁਰੂ ਦੀ ਕਿਰਪਾ ਨਾਲ ਉਸ) ਅਬਿਨਾਸੀ ਪ੍ਰਭੂ ਨੂੰ ਮੈਂ ਆਪਣੇ ਹਿਰਦੇ ਵਿਚ ਹੀ ਲੱਭ ਲਿਆ ਹੈ।

3860	97	ਸੇਵ ਕਰੀ ਪਲੁ ਚਸਾ ਨ ਵਿਛੁੜਾ ਜਨ ਨਾਨਕ ਦਾਸ ਤੁਮਾਰੇ ਜੀਉ॥੪॥		Saev Karee Pal Chasaa N Vishhurraa Jan Naanak Dhaas Thumaarae Jeeo ||4||	I will now serve You forever, and I shall never be separated from You, even for an instant. Servant Nanak is Your slave, O Beloved Master. ||4||	ਹੇ ਦਾਸ ਨਾਨਕ! (ਆਖ-ਹੇ ਪ੍ਰਭੂ! ਮਿਹਰ ਕਰ) ਮੈਂ ਤੇਰੇ ਦਾਸਾਂ ਦੀ (ਨਿੱਤ) ਸੇਵਾ ਕਰਦਾ ਰਹਾਂ, (ਤੇਰੇ ਦਾਸਾਂ ਤੋਂ) ਮੈਂ ਇਕ ਪਲ ਭਰ ਭੀ ਨਾਹ ਵਿੱਛੁੜਾਂ, ਇਕ ਚਸਾ-ਭਰ ਭੀ ਨਾਹ ਵਿੱਛੁੜਾਂ ॥੪॥
3861	97	ਹਉ ਘੋਲੀ ਜੀਉ ਘੋਲਿ ਘੁਮਾਈ ਜਨ ਨਾਨਕ ਦਾਸ ਤੁਮਾਰੇ ਜੀਉ॥ਰਹਾਉ॥੧॥੮॥		Ho Gholee Jeeo Ghol Ghumaaee Jan Naanak Dhaas Thumaarae Jeeo || Rehaao ||1||8||	I am a sacrifice, my soul is a sacrifice; servant Nanak is Your slave, Lord. ||Pause||1||8||	ਹੇ ਦਾਸ ਨਾਨਕ! (ਆਖ-ਹੇ ਪ੍ਰਭੂ!) ਮੈਂ ਤੇਰੇ ਦਾਸਾਂ ਤੋਂ ਸਦਕੇ ਹਾਂ ਕੁਰਬਾਨ ਹਾਂ ॥੧॥ ਰਹਾਉ ॥
3862	97	ਰਾਗੁ ਮਾਝ ਮਹਲਾ ੫॥		Raag Maajh Mehalaa 5 ||	Raag Maajh, Fifth Mehl:	
3863	97	ਸਾ ਰੁਤਿ ਸੁਹਾਵੀ ਜਿਤੁ ਤੁਧੁ ਸਮਾਲੀ॥	(ਸੁਹਾਵੀ) ਸੁਖਦਾਇਕ। (ਸਮਾਲੀ) ਸਿਮਰਾਂ	Saa Ruth Suhaavee Jith Thudhh Samaalee ||	Sweet is that season when I remember You.	ਹੇ ਸਭ ਜੀਵਾਂ ਦੇ ਦਾਤੇ! ਜਦੋਂ ਮੈਂ ਤੈਨੂੰ ਆਪਣੇ ਹਿਰਦੇ ਵਿਚ ਵਸਾਂਦਾ ਹਾਂ, ਉਹ ਸਮਾ ਮੈਨੂੰ ਸੁਖਦਾਈ ਜਾਪਦਾ ਹੈ।
3864	97	ਸੋ ਕੰਮੁ ਸੁਹੇਲਾ ਜੋ ਤੇਰੀ ਘਾਲੀ॥	(ਸੁਹੇਲਾ) ਸੁਖਦਾਇਕ। (ਘਾਲੀ) ਸੇਵਾ	So Kanm Suhaelaa Jo Thaeree Ghaalee ||	Sublime is that work which is done for You.	ਹੇ ਪ੍ਰਭੂ! ਜੇਹੜਾ ਕੰਮ ਮੈਂ ਤੇਰੀ ਸੇਵਾ ਵਾਸਤੇ ਕਰਦਾ ਹਾਂ, ਉਹ ਕੰਮ ਮੈਨੂੰ ਸੁਖਾਵਾਂ ਲੱਗਦਾ ਹੈ।

3865	97	ਸੋ ਰਿਦਾ ਸੁਹੇਲਾ ਜਿਤੁ ਰਿਦੈ ਤੂੰ ਵੁਠਾ ਸਭਨਾ ਕੇ ਦਾਤਾਰਾ ਜੀਉ॥੧॥	(ਵੁੱਠਾ) ਵਸਿਆ	So Ridhaa Suhaelaa Jith Ridhai Thoon Vuthaa Sabhanaa Kae Dhaathaaraa Jeeo ||1||	Blessed is that heart in which You dwell, O Giver of all. ||1||	ਹੇ ਦਾਤਾਰ! ਜਿਸ ਹਿਰਦੇ ਵਿਚ ਤੂੰ ਵੱਸਦਾ ਹੈਂ, ਉਹ ਹਿਰਦਾ ਠੰਢਾ-ਠਾਰ ਰਹਿੰਦਾ ਹੈ ॥੧॥
3866	97	ਤੂੰ ਸਾਝਾ ਸਾਹਿਬੁ ਬਾਪੁ ਹਮਾਰਾ॥	ਸਾਂਝਾ	Thoon Saajhaa Saahib Baap Hamaaraa ||	You are the Universal Father of all, O my Lord and Master.	ਹੇ ਦਾਤਾਰ! ਤੂੰ ਸਾਡਾ ਸਭਨਾਂ ਜੀਵਾਂ ਦਾ ਪਿਉ ਹੈਂ (ਤੇ ਸਭ ਨੂੰ ਹੀ ਦਾਤਾਂ ਬਖ਼ਸ਼ਦਾ ਹੈਂ)।
3867	97	ਨਉ ਨਿਧਿ ਤੇਰੈ ਅਖੁਟ ਭੰਡਾਰਾ॥	(ਅਖੁਟ) ਅਮੁੱਕ	No Nidhh Thaerai Akhutt Bhanddaaraa ||	Your nine treasures are an inexhaustible storehouse.	ਤੇਰੇ ਘਰ ਵਿਚ (ਜਗਤ ਦੇ ਸਾਰੇ) ਨੌ ਹੀ ਖ਼ਜ਼ਾਨੇ ਮੌਜੂਦ ਹਨ, ਤੇਰੇ ਖ਼ਜ਼ਾਨਿਆਂ ਵਿਚ ਕਦੇ ਤੋਟ ਨਹੀਂ ਆਉਂਦੀ।
3868	97	ਜਿਸੁ ਤੂੰ ਦੇਹਿ ਸੁ ਤ੍ਰਿਪਤਿ ਅਘਾਵੈ ਸੋਈ ਭਗਤੁ ਤੁਮਾਰਾ ਜੀਉ॥੨॥	(ਅਘਾਵੈ) ਸੰਤੁਸ਼ਟ	Jis Thoon Dhaehi S Thripath Aghaavai Soee Bhagath Thumaaraa Jeeo ||2||	Those unto whom You give are satisfied and fulfilled; they become Your devotees, Lord. ||2||	(ਪਰ) ਜਿਸ ਨੂੰ (ਤੂੰ ਆਪਣੇ ਨਾਮ ਦੀ ਦਾਤਿ) ਦੇਂਦਾ ਹੈਂ, ਉਹ (ਦੁਨੀਆ ਦੇ ਪਦਾਰਥਾਂ ਵਲੋਂ) ਰੱਜ ਜਾਂਦਾ ਹੈ, ਤ੍ਰਿਪਤ ਹੋ ਜਾਂਦਾ ਹੈ, ਤੇ, ਹੇ ਪ੍ਰਭੂ! ਉਹੀ ਤੇਰਾ ਭਗਤ (ਅਖਵਾ ਸਕਦਾ) ਹੈ ॥੨॥
3869	97	ਸਭੁ ਕੋ ਆਸੈ ਤੇਰੀ ਬੈਠਾ॥	(ਆਸੈ) ਆਸ ਚ	Sabh Ko Aasai Thaeree Baithaa ||	All place their hopes in You.	ਹੇ ਦਾਤਾਰ! ਹਰੇਕ ਜੀਵ ਤੇਰੀ! (ਬਖ਼ਸ਼ਸ਼ ਦੀ) ਆਸ ਰੱਖੀ ਬੈਠਾ ਹੈ।
3870	97	ਘਟ ਘਟ ਅੰਤਰਿ ਤੂੰਹੈ ਵੁਠਾ॥		Ghatt Ghatt Anthar Thoonhai Vuthaa ||	You dwell deep within each and every heart.	ਹਰੇਕ ਸਰੀਰ ਵਿਚ ਤੂੰ ਆਪ ਹੀ ਵੱਸ ਰਿਹਾ ਹੈਂ।

3871	97	ਸਭੇ ਸਾਝੀਵਾਲ ਸਦਾਇਨਿ ਤੂੰ ਕਿਸੈ ਨ ਦਿਸਹਿ ਬਾਹਰਾ ਜੀਉ॥੩॥	(ਸਾਝੀਵਾਲ) ਸਾਂਝ ਵਾਲੇ (ਸਦਾਇਨਿ) ਸਦਾਉਂਦੇ	Sabhae Saajheevaal Sadhaaein Thoon Kisai N Dhisehi Baaharaa Jeeo ||3||	All share in Your Grace; none are beyond You. ||3||	(ਦੁਨੀਆ ਦੇ) ਸਾਰੇ ਜੀਅ ਜੰਤ ਤੇਰੇ ਨਾਲ ਹੀ ਸਾਂਝ ਰੱਖਣ ਵਾਲੇ ਅਖਵਾਂਦੇ ਹਨ। ਕੋਈ ਜੀਵ ਐਸਾ ਨਹੀਂ ਦਿੱਸਦਾ, ਜੋ ਤੈਥੋਂ ਵੱਖਰਾ ਹੋਵੇ (ਜਿਸ ਵਿਚ ਤੂੰ ਨਾਹ ਹੋਵੇਂ) ॥੩॥
3872	97	ਤੂੰ ਆਪੇ ਗੁਰਮੁਖਿ ਮੁਕਤਿ ਕਰਾਇਹਿ॥	ਕਰਾਇ-ਹਿ	Thoon Aapae Guramukh Mukath Karaaeihi ||	You Yourself liberate the Gurmukhs;	ਹੇ ਦਾਤਾਰ! ਤੂੰ ਆਪ ਹੀ ਜੀਵਾਂ ਨੂੰ ਗੁਰੂ ਦੀ ਸਰਨ ਪਾ ਕੇ (ਮਾਇਆ ਦੇ ਬੰਧਨਾਂ ਤੋਂ) ਆਜ਼ਾਦ ਕਰਾ ਦੇਂਦਾ ਹੈਂ,
3873	97	ਤੂੰ ਆਪੇ ਮਨਮੁਖਿ ਜਨਮਿ ਭਵਾਇਹਿ॥	ਭਵਾਇ-ਹਿ	Thoon Aapae Manamukh Janam Bhavaaeihi ||	You Yourself consign the self-willed manmukhs to wander in reincarnation.	ਤੂੰ ਆਪ ਹੀ ਜੀਵਾਂ ਨੂੰ ਮਨ ਦਾ ਗ਼ੁਲਾਮ ਬਣਾ ਕੇ ਜਨਮ ਮਰਨ ਦੇ ਗੇੜ ਵਿਚ ਭਵਾਂਦਾ ਹੈਂ।
3874	97	ਨਾਨਕ ਦਾਸੁ ਤੇਰੈ ਬਲਿਹਾਰੈ ਸਭੁ ਤੇਰਾ ਖੇਲੁ ਦਸਾਹਰਾ ਜੀਉ॥੪॥੨॥੯॥	(ਬਲਿਹਾਰੈ) ਕੁਰਬਾਨ। (ਦਸਾਹਰਾ) ਪ੍ਰਗਟ	Naanak Dhaas Thaerai Balihaarai Sabh Thaeraa Khael Dhasaaharaa Jeeo ||4||2||9||	Slave Nanak is a sacrifice to You; Your Entire Play is self-evident, Lord. ||4||2||9||	ਹੇ ਦਾਸ ਨਾਨਕ! (ਆਖ-ਹੇ ਪ੍ਰਭੂ!) ਮੈਂ ਤੈਥੋਂ ਕੁਰਬਾਨ ਹਾਂ, ਇਹ ਸਾਰੀ ਜਗਤ-ਰਚਨਾ ਤੇਰਾ ਹੀ ਪ੍ਰਤੱਖ ਤਮਾਸ਼ਾ ਹੈ ॥੪॥੨॥੯॥
3875	97	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	

3876	97	ਅਨਹਦੁ ਵਾਜੈ ਸਹਜਿ ਸੁਹੇਲਾ॥		Anehadh Vaajai Sehaj Suhaelaa ||	The Unstruck Melody resounds and resonates in peaceful ease.	(ਗੁਰੂ ਦੀ ਕਿਰਪਾ ਨਾਲ ਮੇਰੇ ਅੰਦਰ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ) ਇਕ-ਰਸ ਵਾਜਾ ਵੱਜ ਰਿਹਾ ਹੈ, (ਮੇਰਾ ਮਨ) ਆਤਮਕ ਅਡੋਲਤਾ ਵਿਚ ਟਿਕ ਕੇ ਸੁਖੀ ਹੋ ਰਿਹਾ ਹੈ।
3877	97	ਸਬਦਿ ਅਨੰਦ ਕਰੇ ਸਦ ਕੇਲਾ॥	(ਕੇਲਾ) ਬਿਲਾਸ	Sabadh Anandh Karae Sadh Kaelaa ||	I rejoice in the eternal bliss of the Word of the Shabad.	ਗੁਰੂ ਦੇ ਸ਼ਬਦ ਵਿਚ ਜੁੜ ਕੇ ਸਦਾ ਆਨੰਦ ਤੇ ਰੰਗ ਮਾਣ ਰਿਹਾ ਹੈ।
3878	97	ਸਹਜ ਗੁਫਾ ਮਹਿ ਤਾੜੀ ਲਾਈ ਆਸਣੁ ਊਚ ਸਵਾਰਿਆ ਜੀਉ॥੧॥		Sehaj Gufaa Mehi Thaarree Laaee Aasan Ooch Savaariaa Jeeo ||1||	In the cave of intuitive wisdom I sit, absorbed in the silent trance of the Primal Void. I have obtained my seat in the heavens. ||1||	(ਸਤਿਗੁਰੂ ਦੀ ਮਿਹਰ ਨਾਲ ਮੈਂ) ਆਤਮਕ ਅਡੋਲਤਾ-ਰੂਪ ਗੁਫਾ ਵਿਚ ਸਮਾਧੀ ਲਾਈ ਹੋਈ ਹੈ ਤੇ ਸਭ ਤੋਂ ਉੱਚੇ ਅਕਾਲ ਪੁਰਖ ਦੇ ਚਰਨਾਂ ਵਿਚ ਸੋਹਣਾ ਟਿਕਾਣਾ ਬਣਾ ਲਿਆ ਹੈ ॥੧॥
3879	97	ਫਿਰਿ ਘਿਰਿ ਅਪੁਨੇ ਗ੍ਰਿਹ ਮਹਿ ਆਇਆ॥	ਗ੍ਰਿਹ	Fir Ghir Apunae Grih Mehi Aaeiaa ||	After wandering through many other homes and houses, I have returned to my own home,	ਹੁਣ (ਮੇਰਾ ਮਨ) ਮੁੜ ਘਿੜ ਅੰਤਰ ਆਤਮੇ ਆ ਟਿਕਿਆ ਹੈ।
3880	97	ਜੋ ਲੋੜੀਦਾ ਸੋਈ ਪਾਇਆ॥		Jo Lorreedhaa Soee Paaeiaa ||	And I have found what I was longing for.	ਜੇਹੜੀ (ਆਤਮਕ ਸ਼ਾਂਤੀ) ਮੈਨੂੰ ਚਾਹੀਦੀ ਸੀ ਉਹ ਮੈਂ ਹਾਸਲ ਕਰ ਲਈ ਹੈ।

3881	97	ਤ੍ਰਿਪਤਿ ਅਘਾਇ ਰਹਿਆ ਹੈ ਸੰਤਹੁ ਗੁਰਿ ਅਨਭਉ ਪੁਰਖੁ ਦਿਖਾਰਿਆ ਜੀਉ॥੨॥	(ਅਘਾਇ) ਰੱਜਿਆ, ਸੰਤੁਸ਼ਟ। (ਅਨ-ਭਉ) ਭੈ ਤੋਂ ਰਹਿਤ, (ਪੁਰਖੁ) ਪੂਰਨ ਵਿਸਮਾਦ ਪ੍ਰਕਾਸ਼ ਸਰੂਪ ਪ੍ਰਭ ਜੀ। (ਦਿਖਾਰਿਆ) ਦਰਸ਼ਨ ਕਰਾਏ	Thripath Aghaae Rehiaa Hai Santhahu Gur Anabho Purakh Dhikhaariaa Jeeo ||2||	I am satisfied and fulfilled; O Saints, the Guru has shown me the Fearless Lord God. ||2||	ਹੇ ਸੰਤ ਜਨੋ! (ਮੇਰਾ ਮਨ ਦੁਨੀਆ ਦੀਆਂ ਵਾਸਨਾਂ ਵਲੋਂ) ਪੂਰਨ ਤੌਰ ਤੇ ਰੱਜ ਚੁਕਾ ਹੈ ਤੇ ਗੁਰੂ ਨੇ (ਮੈਨੂੰ) ਆਤਮਕ ਚਾਨਣ (ਦੇ ਕੇ) ਸਭ ਵਿਚ ਵਿਆਪਕ ਪਰਮਾਤਮਾ ਦਾ ਦਰਸਨ ਕਰਾ ਦਿੱਤਾ ਹੈ ॥੨॥
3882	97	ਆਪੇ ਰਾਜਨੁ ਆਪੇ ਲੋਗਾ॥		Aapae Raajan Aapae Logaa ||	He Himself is the King, and He Himself is the people.	(ਗੁਰੂ ਦੀ ਕਿਰਪਾ ਨਾਲ ਮੈਨੂੰ ਦਿੱਸ ਪਿਆ ਹੈ ਕਿ) ਪ੍ਰਭੂ ਆਪ ਹੀ ਪਾਤਿਸ਼ਾਹ ਹੈ ਤੇ ਆਪ ਹੀ ਪਰਜਾ-ਰੂਪ ਹੈ।
3883	97	ਆਪਿ ਨਿਰਬਾਣੀ ਆਪੇ ਭੋਗਾ॥	ਆਪ ਹੀ (ਨਿਰ) ਨਿਰਲੇਪ (ਬਾਣੀ) ਦੁੱਖਾਂ ਤੋਂ ਕਰਦੇ ਹਨ ਅਤੇ ਆਪ ਹੀ (ਨਿਰ) ਨਿਰਲੇਪ (ਭੋਗਾ) ਭੋਗਾਂ ਤੋਂ ਕਰਦੇ ਹਨ	Aap Nirabaanee Aapae Bhogaa ||	He Himself is in Nirvaanaa, and He Himself indulges in pleasures.	ਪ੍ਰਭੂ-ਵਾਸਨਾ ਰਹਿਤ ਭੀ ਹੈ ਤੇ (ਸਭ ਜੀਵਾਂ ਵਿਚ ਵਿਆਪਕ ਹੋਣ ਕਰਕੇ) ਆਪ ਹੀ ਸਾਰੇ ਪਦਾਰਥ ਭੋਗ ਰਿਹਾ ਹੈ।
3884	97	ਆਪੇ ਤਖਤਿ ਬਹੈ ਸਚੁ ਨਿਆਈ ਸਭ ਚੂਕੀ ਕੂਕ ਪੁਕਾਰਿਆ ਜੀਉ॥੩॥	(ਨਿਆਈ) ਨਿਆਂਕਾਰੀ	Aapae Thakhath Behai Sach Niaaee Sabh Chookee Kook Pukaariaa Jeeo ||3||	He Himself sits on the throne of true justice, answering the cries and prayers of all. ||3||	ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ ਆਪ ਹੀ ਤਖ਼ਤ ਉਤੇ ਬੈਠਾ ਹੋਇਆ ਹੈ ਤੇ ਨਿਆਂ ਕਰ ਰਿਹਾ ਹੈ (ਇਸ ਵਾਸਤੇ ਸੁਖ ਆਵੇ ਚਾਹੇ ਦੁੱਖ ਵਾਪਰੇ, ਮੇਰੀ) ਸਾਰੀ ਗਿਲ੍ਹਾ-ਗੁਜ਼ਾਰੀ ਮੁੱਕ ਚੁਕੀ ਹੈ ॥੩॥

3885	97	ਜੇਹਾ ਡਿਠਾ ਮੈ ਤੇਹੋ ਕਹਿਆ॥	(ਡਿਠਾ) ਦੇਖੇ	Jaehaa Ddithaa Mai Thaeho Kehiaa ||	As I have seen Him, so have I described Him.	(ਗੁਰੂ ਦੀ ਮਿਹਰ ਨਾਲ) ਮੈਂ ਪਰਮਾਤਮਾ ਨੂੰ ਜਿਸ (ਸਰਬ-ਵਿਆਪਕ) ਰੂਪ ਵਿਚ ਵੇਖਿਆ ਹੈ ਉਹੋ ਜਿਹਾ ਕਹਿ ਦਿੱਤਾ ਹੈ।
3886	97	ਤਿਸੁ ਰਸੁ ਆਇਆ ਜਿਨਿ ਭੇਦੁ ਲਹਿਆ॥	(ਲਹਿਆ) ਸਮਝਿਆ, ਦੂਰ ਹੋਇਆ	This Ras Aaeiaa Jin Bhaedh Lehiaa ||	This Sublime Essence comes only to one who knows the Mystery of the Lord.	ਜਿਸ ਮਨੁੱਖ ਨੇ ਇਹ ਭੇਦ ਲੱਭ ਲਿਆ ਹੈ ਉਸ ਨੂੰ (ਉਸ ਦੇ ਮਿਲਾਪ ਦਾ) ਆਨੰਦ ਆਉਂਦਾ ਹੈ।
3887	97	ਜੋਤੀ ਜੋਤਿ ਮਿਲੀ ਸੁਖੁ ਪਾਇਆ ਜਨ ਨਾਨਕ ਇਕੁ ਪਸਾਰਿਆ ਜੀਉ॥੪॥੩॥੧੦॥	ਨਿਰਗੁਣ ਸਰੂਪ (ਇਕੁ) ਵਾਹਿਗੁਰੂ ਜੀ ਹੀ ਖੰਡ ਬ੍ਰਹਮੰਡ ਅੰਦਰ (ਪਸਾਰਿਆ) ਵਿਆਪ ਰਹੇ ਪ੍ਰਗਟ ਹੋ ਗਏ	Jothee Joth Milee Sukh Paaeiaa Jan Naanak Eik Pasaariaa Jeeo ||4||3||10||	His light merges into the Light, and he finds peace. O servant Nanak, this is all the Extension of the One. ||4||3||10||	ਹੇ ਨਾਨਕ! ਉਸ ਮਨੁੱਖ ਦੀ ਸੁਰਤ ਪ੍ਰਭੂ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ, ਉਸ ਨੂੰ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ, ਉਸ ਨੂੰ ਸਿਰਫ਼ ਪਰਮਾਤਮਾ ਹੀ ਸਾਰੇ ਜਗਤ ਵਿਚ ਵਿਆਪਕ ਦਿੱਸਦਾ ਹੈ ॥੪॥੩॥੧੦॥
3888	97	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
3889	97	ਜਿਤੁ ਘਰਿ ਪਿਰਿ ਸੋਹਾਗੁ ਬਣਾਇਆ॥	(ਘਰਿ) ਹਿਰਦੇ ਚ (ਪਿਰਿ) ਪ੍ਰਮਾਤਮਾ ਜੀ ਨੇ (ਸੋਹਾਗੁ) ਚੰਗਾ ਭਾਗ ਬਣਾਇਆ ਪ੍ਰਗਟ ਹੋ ਗਏ	Jith Ghar Pir Sohaag Banaaeiaa ||	That house, in which the soul-bride has married her Husband Lord	ਹੇ ਸਖੀ! ਜਿਸ ਹਿਰਦੇ-ਘਰ ਵਿਚ ਪ੍ਰਭੂ-ਪਤੀ ਨੇ (ਆਪਣੇ ਪਰਕਾਸ਼ ਨਾਲ) ਚੰਗਾ ਭਾਗ ਲਾ ਦਿੱਤਾ ਹੋਵੇ,
3890	97	ਤਿਤੁ ਘਰਿ ਸਖੀਏ ਮੰਗਲੁ ਗਾਇਆ॥	ਵਾਹਿਗੁਰੂ ਜੀ ਦਾ ਮਹਾਂ ਵਿਸਮਾਦ ਰੰਗਲਾ ਅਨੰਦੀ (ਮੰਗਲੁ) ਜਸ	Thith Ghar Sakheeeae Mangal Gaaeiaa ||	In that house, O my companions, sing the songs of rejoicing.	ਉਸ ਹਿਰਦੇ-ਘਰ ਵਿਚ (ਪ੍ਰਭ-ਪਤੀ ਦੀ) ਸਿਫ਼ਤ-ਸਾਲਾਹ ਦਾ ਗੀਤ ਗਾਇਆ ਜਾਂਦਾ ਹੈ।

3891	97	ਅਨਦ ਬਿਨੋਦ ਤਿਤੈ ਘਰਿ ਸੋਹਹਿ ਜੋ ਧਨ ਕੰਤਿ ਸਿਗਾਰੀ ਜੀਉ॥੧॥	(ਬਿਨੋਦ) ਖੁਸ਼ੀ, ਚਾਉ। (ਸੋਹਹਿ) ਸੋਭਦੇ। ਪ੍ਰੇਮਾ ਭਗਤੀ ਨਾਲ ਸਿਗਾਰੀ। ਅਨ-ਦ, ਤਿਤੈ: ਪੋਲੇ ਬੋਲੋ	Anadh Binodh Thithai Ghar Sohehi Jo Dhhan Kanth Sigaaree Jeeo ||1||	Joy and celebrations decorate that house, in which the Husband Lord has adorned His soul-bride. ||1||	ਜਿਸ ਜੀਵ-ਇਸਤ੍ਰੀ ਨੂੰ ਖਸਮ-ਪ੍ਰਭੂ ਨੇ ਆਤਮਕ ਸੁੰਦਰਤਾ ਬਖ਼ਸ਼ ਦਿੱਤੀ ਹੋਵੇ, ਉਸ ਦੇ ਹਿਰਦੇ-ਘਰ ਵਿਚ ਆਤਮਕ ਆਨੰਦ ਸੋਭਦੇ ਹਨ ਆਤਮਕ ਖ਼ੁਸ਼ੀਆਂ ਸੋਭਦੀਆਂ ਹਨ ॥੧॥
3892	97	ਸਾ ਗੁਣਵੰਤੀ ਸਾ ਵਡਭਾਗਣਿ॥		Saa Gunavanthee Saa Vaddabhaagan ||	She is virtuous, and she is very fortunate;	ਜੇਹੜੀ ਜੀਵ-ਇਸਤ੍ਰੀ ਖਸਮ-ਪ੍ਰਭੂ ਦੀ ਪਿਆਰੀ ਬਣ ਜਾਏ, ਉਹ ਸਭ ਗੁਣਾਂ ਦੀ ਮਾਲਕ ਬਣ ਜਾਂਦੀ ਹੈ, ਉਹ ਵੱਡੇ ਭਾਗਾਂ ਵਾਲੀ ਹੋ ਜਾਂਦੀ ਹੈ,
3893	97	ਪੁਤ੍ਰਵੰਤੀ ਸੀਲਵੰਤਿ ਸੋਹਾਗਣਿ॥		Puthravanthee Seelavanth Sohaagan ||	She is blessed with sons and tender-hearted. The happy soul-bride is loved by her Husband.	ਉਹ (ਆਤਮ-ਗਿਆਨ-ਰੂਪ) ਪੁੱਤਰ ਵਾਲੀ, ਚੰਗੇ ਸੁਭਾਉ ਵਾਲੀ ਤੇ ਸੁਹਾਗ-ਭਾਗ ਵਾਲੀ ਬਣ ਜਾਂਦੀ ਹੈ।
3894	97	ਰੂਪਵੰਤਿ ਸਾ ਸੁਘੜਿ ਬਿਚਖਣਿ ਜੋ ਧਨ ਕੰਤ ਪਿਆਰੀ ਜੀਉ॥੨॥	(ਸੁਘੜਿ) ਸੁਚੱਜੀ (ਬਿ-ਚੱਖਣਿ) ਸਿਆਣੀ	Roopavanth Saa Sugharr Bichakhan Jo Dhhan Kanth Piaaree Jeeo ||2||	She is beautiful, wise, and clever. That soul-bride is the beloved of her Husband Lord. ||2||	ਉਸ ਦਾ ਆਤਮਕ ਜੀਵਨ ਸੋਹਣਾ ਬਣ ਜਾਂਦਾ ਹੈ, ਉਹ ਸੁਚੱਜੀ ਘਾੜਤ ਵਾਲੇ ਮਨ ਦੀ ਮਾਲਕ ਤੇ ਚੰਗੀ ਸੂਝ ਦੀ ਮਾਲਕ ਬਣ ਜਾਂਦੀ ਹੈ ॥੨॥
3895	97	ਅਚਾਰਵੰਤਿ ਸਾਈ ਪਰਧਾਨੇ॥	(ਅਚਾਰਵੰਤਿ) ਸ਼ੁਭ ਅਚਾਰ ਵਾਲੀ। (ਸਾਂਈਂ)ਬ੍ਰਹਮ ਸਰੂਪ ਹਨ	Achaaravanth Saaee Paradhhaanae ||	She is well-mannered, noble and distinguished.	ਉਸ ਦਾ ਆਚਰਨ ਉੱਚਾ ਹੋ ਜਾਂਦਾ ਹੈ ਉਹ (ਸੰਗਤਿ ਵਿਚ) ਮੰਨੀ-ਪ੍ਰਮੰਨੀ ਜਾਂਦੀ ਹੈ,

3896	97	ਸਭ ਸਿੰਗਾਰ ਬਣੇ ਤਿਸੁ ਗਿਆਨੇ॥		Sabh Singaar Banae This Giaanae ||	She is decorated and adorned with wisdom.	ਪ੍ਰਭੂ-ਪਤੀ ਨਾਲ ਡੂੰਘੀ ਸਾਂਝ ਦਾ ਸਦਕਾ ਸਾਰੇ ਆਤਮਕ ਗੁਣ ਉਸ ਦੇ ਜੀਵਨ ਨੂੰ ਸਵਾਰ ਦੇਂਦੇ ਹਨ,
3897	97	ਸਾ ਕੁਲਵੰਤੀ ਸਾ ਸਭਰਾਈ ਜੋ ਪਿਰਿ ਕੈ ਰੰਗਿ ਸਵਾਰੀ ਜੀਉ॥੩॥	(ਕੁਲਵੰਤੀ) ਚੰਗੀ ਕੁਲ ਵਾਲੀ। (ਸਭਰਾਈ) ਸ਼ੁਭ ਗੁਣਾਂ ਭਰਾਵਾਂ ਸਹਿਤ (ਦੂਜਾ ਪਾਠ: ਸ ਭਰਾਈ)	Saa Kulavanthee Saa Sabharaaee Jo Pir Kai Rang Savaaree Jeeo ||3||	She is from a most respected family; she is the queen, adorned with the Love of her Husband Lord. ||3||	ਉਹ ਉੱਚੀ ਕੁਲ ਵਾਲੀ ਸਮਝੀ ਜਾਂਦੀ ਹੈ, ਉਹ ਭਰਾਵਾਂ ਵਾਲੀ ਹੋ ਜਾਂਦੀ ਹੈ, ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਦੇ ਪ੍ਰੇਮ-ਰੰਗ ਵਿਚ (ਰੰਗੀਜ ਕੇ) ਸੋਹਣੇ ਜੀਵਨ ਵਾਲੀ ਬਣ ਜਾਂਦੀ ਹੈ ॥੩॥
3898	97	ਮਹਿਮਾ ਤਿਸ ਕੀ ਕਹਣੁ ਨ ਜਾਏ॥		Mehimaa This Kee Kehan N Jaaeae ||	Her glory cannot be described;	ਉਸ ਜੀਵ-ਇਸਤ੍ਰੀ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ,
3899	97	ਜੋ ਪਿਰਿ ਮੇਲਿ ਲਈ ਅੰਗਿ ਲਾਏ॥		Jo Pir Mael Lee Ang Laaeae ||	She melts in the Embrace of her Husband Lord.	ਜਿਸ ਨੂੰ ਪ੍ਰਭੂ-ਪਤੀ ਨੇ ਆਪਣੇ ਚਰਨਾਂ ਵਿਚ ਜੋੜ ਕੇ ਆਪਣੇ ਵਿਚ ਲੀਨ ਕਰ ਲਿਆ ਹੋਵੇ।
3900	98	ਥਿਰੁ ਸੁਹਾਗੁ ਵਰੁ ਅਗਮੁ ਅਗੋਚਰੁ ਜਨ ਨਾਨਕ ਪ੍ਰੇਮ ਸਾਧਾਰੀ ਜੀਉ॥੪॥੪॥੧੧॥	(ਥਿਰੁ) ਅਚੱਲ। (ਅਗਮ) ਸੋਗ ਰਹਿਤ (ਅਗੋਚਰ) ਸੁਤੰਤ੍ਰ। ਪ੍ਰੇਮ ਚ (ਸਾਧਾਰੀ) ਸਵਾਰੀ	Thhir Suhaag Var Agam Agochar Jan Naanak Praem Saadhhaaree Jeeo ||4||4||11||	Her marriage is eternal; her Husband is Inaccessible and Incomprehensible. O Servant Nanak, His Love is her only Support. ||4||4||11||	ਹੇ ਦਾਸ ਨਾਨਕ! ਜੇਹੜਾ ਪਰਮਾਤਮਾ ਅਪਹੁੰਚ ਹੈ ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ ਉਹ ਉਸ ਜੀਵ-ਇਸਤ੍ਰੀ ਦਾ ਸਦਾ ਕਾਇਮ ਰਹਿਣ ਵਾਲਾ ਸੁਹਾਗ-ਭਾਗ ਬਣ ਜਾਂਦਾ ਹੈ, ਉਸ ਜੀਵ-ਇਸਤ੍ਰੀ ਨੂੰ ਉਸ ਦੇ ਪ੍ਰੇਮ ਦਾ ਆਸਰਾ ਸਦਾ ਮਿਲਿਆ ਰਹਿੰਦਾ ਹੈ ॥੪॥੪॥੧੧॥
3901	98	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	

3902	98	ਖੋਜਤ ਖੋਜਤ ਦਰਸਨ ਚਾਹੇ॥		Khojath Khojath Dharasan Chaahae ||	I have searched and searched, seeking the Blessed Vision of His Darshan.	ਅਨੇਕਾਂ ਲੋਕ (ਜੰਗਲਾਂ ਪਹਾੜਾਂ ਵਿਚ) ਭਾਲ ਕਰਦੇ ਕਰਦੇ (ਪਰਮਾਤਮਾ ਦੇ) ਦਰਸਨ ਦੀਆਂ ਤਾਂਘਾਂ ਕਰਦੇ ਹਨ,
3903	98	ਭਾਤਿ ਭਾਤਿ ਬਨ ਬਨ ਅਵਗਾਹੇ॥	(ਅਵਗਾਹੇ) ਖੋਜੇ। ਭਾਂਤਿ ਭਾਂਤਿ	Bhaath Bhaath Ban Ban Avagaahae ||	I travelled through all sorts of woods and forests.	ਕਈ ਕਿਸਮਾਂ ਦੇ ਜੰਗਲ ਗਾਹ ਮਾਰਦੇ ਹਨ (ਪਰ ਇਸ ਤਰ੍ਹਾਂ ਪਰਮਾਤਮਾ ਦਾ ਦਰਸਨ ਨਹੀਂ ਹੁੰਦਾ)।
3904	98	ਨਿਰਗੁਣੁ ਸਰਗੁਣੁ ਹਰਿ ਹਰਿ ਮੇਰਾ ਕੋਈ ਹੈ ਜੀਉ ਆਣਿ ਮਿਲਾਵੈ ਜੀਉ॥੧॥		Niragun Saragun Har Har Maeraa Koee Hai Jeeo Aan Milaavai Jeeo ||1||	My Lord, Har, Har, is both absolute and related, unmanifest and manifest; is there anyone who can come and unite me with Him? ||1||	ਉਹ ਪਰਮਾਤਮਾ ਮਾਇਆ ਦੇ ਤਿੰਨ ਗੁਣਾਂ ਤੋਂ ਵੱਖਰਾ ਭੀ ਹੈ ਤੇ ਤਿੰਨ-ਗੁਣੀ ਸੰਸਾਰ ਵਿਚ ਵਿਆਪਕ ਭੀ ਹੈ। ਕੋਈ ਵਿਰਲਾ ਐਸਾ ਹੈ, ਜੋ ਉਸ ਨੂੰ ਲਿਆ ਕੇ ਮਿਲਾ ਸਕਦਾ ਹੈ ॥੧॥
3905	98	ਖਟੁ ਸਾਸਤ ਬਿਚਰਤ ਮੁਖਿ ਗਿਆਨਾ॥	(ਬਿਚ-ਰਤ) ਵਿਚਾਰਨਾ	Khatt Saasath Bicharath Mukh Giaanaa ||	People recite from memory the wisdom of the six schools of philosophy;	ਕਈ ਐਸੇ ਹਨ ਜੋ ਛੇ ਸ਼ਾਸਤ੍ਰਾਂ ਨੂੰ ਵਿਚਾਰਦੇ ਹਨ ਤੇ ਉਹਨਾਂ ਦਾ ਉਪਦੇਸ਼ ਮੂੰਹ ਨਾਲ (ਸੁਣਾਂਦੇ ਹਨ), ਦੇਵ-ਪੂਜਾ ਕਰਦੇ ਹਨ ਮੱਥੇ ਤੇ ਤਿਲਕ ਲਾਂਦੇ ਹਨ, ਤੀਰਥਾਂ ਦੇ ਇਸ਼ਨਾਨ ਕਰਦੇ ਹਨ।

3906	98	ਪੂਜਾ ਤਿਲਕੁ ਤੀਰਥ ਇਸਨਾਨਾ॥		Poojaa Thilak Theerathh Eisanaanaa ||	They perform worship services, wear ceremonial religious marks on their foreheads, and take ritual cleansing baths at sacred shrines of pilgrimage.	ਕਈ ਐਸੇ ਹਨ ਜੋ ਨਿਵਲੀ ਕਰਮ ਆਦਿਕ ਜੋਗੀਆਂ ਵਾਲੇ ਚੌਰਾਸੀ ਆਸਣ ਕਰਦੇ ਹਨ।
3907	98	ਨਿਵਲੀ ਕਰਮ ਆਸਨ ਚਉਰਾਸੀਹ ਇਨ ਮਹਿ ਸਾਂਤਿ ਨ ਆਵੈ ਜੀਉ॥੨॥		Nivalee Karam Aasan Chouraaseeh Ein Mehi Saanth N Aavai Jeeo ||2||	They perform the inner cleansing practice with water and adopt the eighty-four Yogic postures; but still, they find no peace in any of these. ||2||	ਪਰ ਇਹਨਾਂ ਉੱਦਮਾਂ ਨਾਲ (ਮਨ ਵਿਚ) ਸ਼ਾਂਤੀ ਨਹੀਂ ਆਉਂਦੀ ॥੨॥
3908	98	ਅਨਿਕ ਬਰਖ ਕੀਏ ਜਪ ਤਾਪਾ॥	(ਬਰਖ) ਵਰ੍ਹੇ। ਤੱਪਾ	Anik Barakh Keeeae Jap Thaapaa ||	They chant and meditate, practicing austere self-discipline for years and years;	ਜੋਗੀ ਲੋਕ ਅਨੇਕਾਂ ਸਾਲ ਜਪ ਕਰਦੇ ਹਨ, ਤਪ ਸਾਧਦੇ ਹਨ;
3909	98	ਗਵਨੁ ਕੀਆ ਧਰਤੀ ਭਰਮਾਤਾ॥	(ਗਵਨੁ) ਭ੍ਰਮਣ। ਭਰਮੱਾਤਾ	Gavan Keeaa Dhharathee Bharamaathaa ||	They wander on journeys all over the earth;	ਸਾਰੀ ਧਰਤੀ ਉਤੇ ਭ੍ਰਮਣ ਭੀ ਕਰਦੇ ਹਨ।

3910	98	ਇਕੁ ਖਿਨੁ ਹਿਰਦੈ ਸਾਂਤਿ ਨ ਆਵੈ ਜੋਗੀ ਬਹੁੜਿ ਬਹੁੜਿ ਉਠਿ ਧਾਵੈ ਜੀਉ॥੩॥	(ਧਾਵੈ) ਦੌੜੇ	Eik Khin Hiradhai Saanth N Aavai Jogee Bahurr Bahurr Outh Dhhaavai Jeeo ||3||	And yet, their hearts are not at peace, even for an instant. The Yogi rises up and goes out, over and over again. ||3||	(ਇਸ ਤਰ੍ਹਾਂ ਭੀ) ਹਿਰਦੇ ਵਿਚ ਇਕ ਖਿਨ ਵਾਸਤੇ ਭੀ ਸ਼ਾਂਤੀ ਨਹੀਂ ਆਉਂਦੀ। ਫਿਰ ਭੀ ਜੋਗੀ ਇਹਨਾਂ ਜਪਾਂ ਤਪਾਂ ਦੇ ਪਿੱਛੇ ਹੀ ਮੁੜ ਮੁੜ ਦੌੜਦਾ ਹੈ ॥੩॥
3911	98	ਕਰਿ ਕਿਰਪਾ ਮੋਹਿ ਸਾਧੁ ਮਿਲਾਇਆ॥		Kar Kirapaa Mohi Saadhh Milaaeiaa ||	By His Mercy, I have met the Holy Saint.	ਪਰਮਾਤਮਾ ਨੇ ਕਿਰਪਾ ਕਰ ਕੇ ਮੈਨੂੰ ਗੁਰੂ ਮਿਲਾ ਦਿੱਤਾ ਹੈ।
3912	98	ਮਨੁ ਤਨੁ ਸੀਤਲੁ ਧੀਰਜੁ ਪਾਇਆ॥	(ਸੀਤਲੁ) ਸ਼ਾਂਤ। (ਧੀਰਜੁ) ਟਿਕਾਉ	Man Than Seethal Dhheeraj Paaeiaa ||	My mind and body have been cooled and soothed; I have been blessed with patience and composure.	ਗੁਰੂ ਪਾਸੋਂ ਮੈਨੂੰ ਧੀਰਜ ਮਿਲੀ ਹੈ, ਮੇਰਾ ਮਨ ਠੰਢਾ-ਠਾਰ ਹੋ ਗਿਆ ਹੈ ਮੇਰਾ ਤਨ ਠੰਢਾ-ਠਾਰ ਹੋ ਗਿਆ ਹੈ (ਮੇਰੇ ਮਨ ਤੇ ਗਿਆਨ-ਇੰਦ੍ਰਿਆਂ ਵਿਚੋਂ ਵਿਕਾਰਾਂ ਦੀ ਤਪਸ਼ ਮੁੱਕ ਗਈ ਹੈ)।
3913	98	ਪ੍ਰਭੁ ਅਬਿਨਾਸੀ ਬਸਿਆ ਘਟ ਭੀਤਰਿ ਹਰਿ ਮੰਗਲੁ ਨਾਨਕੁ ਗਾਵੈ ਜੀਉ॥੪॥੫॥੧੨॥	(ਅਬਿਨਾਸੀ) ਨਾਸ ਤੋਂ ਰਹਿਤ। (ਘਟ) ਹਿਰਦੇ (ਭੀਤਰਿ) ਅੰਦਰ। ਵਿਸਮਾਦ ਰੰਗਲਾ ਅਨੰਦੀ (ਮੰਗਲੁ) ਜਸ	Prabh Abinaasee Basiaa Ghatt Bheethar Har Mangal Naanak Gaavai Jeeo ||4||5||12||	The Immortal Lord God has come to dwell within my heart. Nanak sings the songs of joy to the Lord. ||4||5||12||	(ਗੁਰੂ ਦੀ ਮਿਹਰ ਨਾਲ) ਅਬਿਨਾਸ਼ੀ ਪ੍ਰਭੂ ਮੇਰੇ ਹਿਰਦੇ ਵਿਚ ਆ ਵੱਸਿਆ ਹੈ। ਹੁਣ (ਇਹ ਦਾਸ) ਨਾਨਕ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਹੀ ਗਾਂਦਾ ਹੈ (ਇਹ ਸਿਫ਼ਤ-ਸਾਲਾਹ ਪ੍ਰਭੂ-ਚਰਨਾਂ ਵਿਚ ਜੋੜੀ ਰੱਖਦੀ ਹੈ) ॥੪॥੫॥੧੨॥

3914	98	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
3915	98	ਪਾਰਬ੍ਰਹਮ ਅਪਰੰਪਰ ਦੇਵਾ॥	(ਅਪ-ਰੰਪਰ) ਬੇਹੱਦ ਖੰਡਾਂ ਬ੍ਰਹਮੰਡਾਂ ਅੰਦਰ (ਦੇਵਾ) ਪ੍ਰਕਾਸ਼ ਸਰੂਪ (ਦੇਵਾ) ਪਰਮਪੂਜਨੀਕ	Paarabreham Aparanpar Dhaevaa ||	The Supreme Lord God is Infinite and Divine;	(ਹੇ ਭਾਈ!) ਗੁਰੂ ਦੀ ਸਰਨ ਪੈ ਕੇ ਉਸ ਹਰੀ ਦਾ ਸਿਮਰਨ ਕਰੋ, ਜੋ ਪਰਮ ਆਤਮਾ ਹੈ, ਜਿਸ ਤੋਂ ਪਰੇ ਹੋਰ ਕੋਈ ਨਹੀਂ, ਜੋ ਸਭ ਤੋਂ ਪਰੇ ਹੈ, ਜੋ ਪ੍ਰਕਾਸ਼-ਰੂਪ ਹੈ,
3916	98	ਅਗਮ ਅਗੋਚਰ ਅਲਖ ਅਭੇਵਾ॥	ਅ-ਗਮ। (ਅ-ਲਖ) (ਅ+ਲਖ) (ਅ)ਵਿਸ਼ੇਸ਼ ਕਰਕੇ ਸਭ ਦੇ ਅੰਦਰ ਬਾਹਰ ਦੀ (ਲਖ)ਜਾਣ ਰਹੇ	Agam Agochar Alakh Abhaevaa ||	He is Inaccessible, Incomprehensible, Invisible and Inscrutable.	ਜੋ ਅਪਹੁੰਚ ਹੈ, ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਜਿਸ ਦਾ ਭੇਤ ਨਹੀਂ ਪਾਇਆ ਜਾ ਸਕਦਾ,
3917	98	ਦੀਨ ਦਇਆਲ ਗੋਪਾਲ ਗੋਬਿੰਦਾ ਹਰਿ ਧਿਆਵਹੁ ਗੁਰਮੁਖਿ ਗਾਤੀ ਜੀਉ॥੧॥	(ਗੋਪਾਲ) ਅਨੰਤ ਬ੍ਰਹਮੰਡ ਦੇ ਪਾਲਕ ਅਜਪਾ ਜਾਪ ਵਾਹਿਗੁਰੂ ਜੀ। (ਗੋਬਿੰਦ) (ਗੋ) ਇੰਦ੍ਰਿਆਂ ਦੇ (ਬਿੰਦ) ਪ੍ਰਕਾਸ਼ਕ। (ਗਾਤੀ) ਮੁਕਤੀਦਾਤਾ	Dheen Dhaeiaal Gopaal Gobindhaa Har Dhhiaavahu Guramukh Gaathee Jeeo ||1||	Merciful to the meek, Sustainer of the World, Lord of the Universe-meditating on the Lord, the Gurmukhs find salvation. ||1||	ਜੋ ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਜੋ ਸ੍ਰਿਸ਼ਟੀ ਦੀ ਪਾਲਣਾ ਕਰਨ ਵਾਲਾ ਹੈ, ਜੋ ਸ੍ਰਿਸ਼ਟੀ ਦੇ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਹੈ ਅਤੇ ਜੋ ਉੱਚੀ ਆਤਮਕ ਅਵਸਥਾ ਦੇਣ ਵਾਲਾ ਹੈ ॥੧॥
3918	98	ਗੁਰਮੁਖਿ ਮਧੁਸੂਦਨੁ ਨਿਸਤਾਰੇ॥	(ਮਧੁਸੂਦਨੁ) ਵਾਹਿਗੁਰੂ ਜੀ	Guramukh Madhhusoodhan Nisathaarae ||	The Gurmukhs are emancipated by the Lord.	ਗੁਰੂ ਦੀ ਸਰਨ ਪਿਆਂ ਮਧੂ-ਦੈਂਤ ਨੂੰ ਮਾਰਨ ਵਾਲਾ (ਵਿਕਾਰ-ਦੈਂਤਾਂ ਤੋਂ) ਬਚਾ ਲੈਂਦਾ ਹੈ।

3919	98	ਗੁਰਮੁਖਿ ਸੰਗੀ ਕ੍ਰਿਸਨ ਮੁਰਾਰੇ॥	(ਕ੍ਰਿਸਨ ਮੁਰਾਰੇ) ਵਾਹਿਗੁਰੂ ਜੀ ਗੁਰਮੁਖਾਂ ਦੇ ਅੰਦਰ ਬਾਹਰ ਅਪਣਾ ਜਾਪ ਆਪ ਕਰਦਿਆਂ ਕੋਟਿ ਪ੍ਰਕਾਸ਼ ਹਰ ਸਮੇ ਸੰਗੀ ਹਨ	Guramukh Sangee Kirasan Muraarae ||	The Lord Krishna becomes the Gurmukh's Companion.	ਗੁਰੂ ਦੀ ਸਰਨ ਪਿਆਂ ਮੁਰ-ਦੈਂਤ ਦਾ ਮਾਰਨ ਵਾਲਾ ਪ੍ਰਭੂ (ਸਦਾ ਲਈ) ਸਾਥੀ ਬਣ ਜਾਂਦਾ ਹੈ।
3920	98	ਦਇਆਲ ਦਮੋਦਰੁ ਗੁਰਮੁਖਿ ਪਾਈਐ ਹੋਰਤੁ ਕਿਤੈ ਨ ਭਾਤੀ ਜੀਉ॥੨॥	(ਦਮੋਦਰੁ) ਵਾਹਿਗੁਰੂ ਜੀ। ਭਾਂਤੀ	Dhaeiaal Dhamodhar Guramukh Paaeeai Horath Kithai N Bhaathee Jeeo ||2||	The Gurmukh finds the Merciful Lord. He is not found any other way. ||2||	ਗੁਰੂ ਦੀ ਸਰਨ ਪਿਆਂ ਹੀ ਉਹ ਪ੍ਰਭੂ ਮਿਲਦਾ ਹੈ ਜੋ ਦਇਆ ਦਾ ਸੋਮਾ ਹੈ ਤੇ ਜਿਸ ਨੂੰ ਦਮੋਦਰ ਆਖਿਆ ਜਾਂਦਾ ਹੈ, ਕਿਸੇ ਹੋਰ ਤਰੀਕੇ ਨਾਲ ਨਹੀਂ ਮਿਲ ਸਕਦਾ ॥੨॥
3921	98	ਨਿਰਹਾਰੀ ਕੇਸਵ ਨਿਰਵੈਰਾ॥	(ਨਿਰਹਾਰੀ ਨਿਰਵੈਰਾ) ਵੈਰ ਔਗੁਣ ਪਦਾਰਥ ਅਹਾਰ ਰਹਿਤ। (ਕੇਸਵ) ਵਾਹਿਗੁਰੂ ਜੀ	Nirehaaree Kaesav Niravairaa ||	He does not need to eat; His Hair is Wondrous and Beautiful; He is free of hate.	ਉਹ ਪਰਮਾਤਮਾ ਕੇਸ਼ਵ (ਸੋਹਣੇ ਕੇਸਾਂ ਵਾਲਾ) ਜੋ ਕਿਸੇ ਨਾਲ ਵੈਰ ਨਹੀਂ ਰੱਖਦਾ ਤੇ ਉਸ ਨੂੰ ਕਿਸੇ ਖ਼ੁਰਾਕ ਦੀ ਲੋੜ ਨਹੀਂ ਪੈਂਦੀ,
3922	98	ਕੋਟਿ ਜਨਾ ਜਾ ਕੇ ਪੂਜਹਿ ਪੈਰਾ॥		Kott Janaa Jaa Kae Poojehi Pairaa ||	Millions of people worship His Feet.	ਕ੍ਰੋੜਾਂ ਹੀ ਸੇਵਕ ਜਿਸ ਦੇ ਪੈਰ ਪੂਜਦੇ ਹਨ,

3923	98	ਗੁਰਮੁਖਿ ਹਿਰਦੈ ਜਾ ਕੈ ਹਰਿ ਹਰਿ ਸੋਈ ਭਗਤੁ ਇਕਾਤੀ ਜੀਉ॥੩॥	(ਇਕਾਤੀ) ਅਨਿੰਨ ਭਗਤੁ	Guramukh Hiradhai Jaa Kai Har Har Soee Bhagath Eikaathee Jeeo ||3||	He alone is a devotee, who becomes Gurmukh, whose heart is filled with the Lord, Har, Har. ||3||	ਗੁਰੂ ਦੀ ਰਾਹੀਂ ਜਿਸ ਮਨੁੱਖ ਦੇ ਹਿਰਦੇ ਵਿਚ ਉਹ ਵੱਸ ਪੈਂਦਾ ਹੈ, ਉਹ ਮਨੁੱਖ ਅਨਿੰਨ ਭਗਤ ਬਣ ਜਾਂਦਾ ਹੈ ॥੩॥
3924	98	ਅਮੋਘ ਦਰਸਨ ਬੇਅੰਤ ਅਪਾਰਾ॥	(ਅਮੋਘ) ਸਫਲ	Amogh Dharasan Baeanth Apaaraa ||	Forever fruitful is the Blessed Vision of His Darshan; He is Infinite and Incomparable.	ਉਸ ਪਰਮਾਤਮਾ ਦਾ ਦਰਸਨ ਜ਼ਰੂਰ (ਮਨ-ਇੱਛਤ) ਫਲ ਦੇਂਦਾ ਹੈ, ਉਸ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਉਸ ਦੀ ਹਸਤੀ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ।
3925	98	ਵਡ ਸਮਰਥੁ ਸਦਾ ਦਾਤਾਰਾ॥	ਸਮਰੱਥੁ	Vadd Samarathh Sadhaa Dhaathaaraa ||	He is Awesome and All-powerful; He is forever the Great Giver.	ਉਹ ਵੱਡੀਆਂ ਤਾਕਤਾਂ ਵਾਲਾ ਹੈ, ਤੇ ਉਹ ਸਦਾ ਹੀ ਦਾਤਾਂ ਦੇਂਦਾ ਰਹਿੰਦਾ ਹੈ।
3926	98	ਗੁਰਮੁਖਿ ਨਾਮੁ ਜਪੀਐ ਤਿਤੁ ਤਰੀਐ ਗਤਿ ਨਾਨਕ ਵਿਰਲੀ ਜਾਤੀ ਜੀਉ॥੪॥੬॥੧੩॥	(ਵਿਰਲੀ) ਵਿਰਲੇ ਨੇ	Guramukh Naam Japeeai Thith Thareeai Gath Naanak Viralee Jaathee Jeeo ||4||6||13||	As Gurmukh, chant the Naam, the Name of the Lord, and you shall be carried across. O Nanak, rare are those who know this state! ||4||6||13||	ਗੁਰੂ ਦੀ ਸਰਨ ਪੈ ਕੇ ਜੇ ਉਸ ਦਾ ਨਾਮ ਜਪੀਏ, ਤਾਂ ਉਸ ਨਾਮ ਦੀ ਬਰਕਤਿ ਨਾਲ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ। ਪਰ, ਹੇ ਨਾਨਕ! ਇਹ ਉੱਚੀ ਆਤਮਕ ਅਵਸਥਾ ਵਿਰਲਿਆਂ ਨੇ ਹੀ ਸਮਝੀ ਹੈ ॥੪॥੬॥੧੩॥

3927	98	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
3928	98	ਕਹਿਆ ਕਰਣਾ ਦਿਤਾ ਲੈਣਾ॥		Kehiaa Karanaa Dhithaa Lainaa ||	As You command, I obey; as You give, I receive.	ਹੇ ਪ੍ਰਭੂ! ਜੋ ਕੁਝ ਤੂੰ ਹੁਕਮ ਕਰਦਾ ਹੈਂ ਉਹੀ ਜੀਵ ਕਰਦੇ ਹਨ, ਜੋ ਕੁਝ ਤੂੰ ਦੇਂਦਾ ਹੈਂ, ਉਹੀ ਜੀਵ ਹਾਸਲ ਕਰ ਸਕਦੇ ਹਨ।
3929	98	ਗਰੀਬਾ ਅਨਾਥਾ ਤੇਰਾ ਮਾਣਾ॥		Gareebaa Anaathhaa Thaeraa Maanaa ||	You are the Pride of the meek and the poor.	ਗਰੀਬਾਂ ਤੇ ਅਨਾਥ ਜੀਵਾਂ ਨੂੰ ਤੇਰਾ ਹੀ ਸਹਾਰਾ ਹੈ।
3930	98	ਸਭ ਕਿਛੁ ਤੂੰਹੈ ਤੂੰਹੈ ਮੇਰੇ ਪਿਆਰੇ ਤੇਰੀ ਕੁਦਰਤਿ ਕਉ ਬਲਿ ਜਾਈ ਜੀਉ॥੧॥		Sabh Kishh Thoonhai Thoonhai Maerae Piaarae Thaeree Kudharath Ko Bal Jaaee Jeeo ||1||	You are everything; You are my Beloved. I am a sacrifice to Your Creative Power. ||1||	ਹੇ ਮੇਰੇ ਪਿਆਰੇ ਪ੍ਰਭੂ! (ਜਗਤ ਵਿਚ) ਸਭ ਕੁਝ ਤੂੰ ਹੀ ਕਰ ਰਿਹਾ ਹੈਂ ਤੂੰ ਹੀ ਕਰ ਰਿਹਾ ਹੈਂ। ਮੈਂ ਤੇਰੀ ਸਮਰਥਾ ਤੋਂ ਸਦਕੇ ਜਾਂਦਾ ਹਾਂ ॥੧॥
3931	98	ਭਾਣੈ ਉਝੜ ਭਾਣੈ ਰਾਹਾ॥	ਉੱਝੜ	Bhaanai Oujharr Bhaanai Raahaa ||	By Your Will, we wander in the wilderness; by Your Will, we find the path.	ਪਰਮਾਤਮਾ ਦੀ ਰਜ਼ਾ ਵਿਚ ਹੀ ਜੀਵ (ਜ਼ਿੰਦਗੀ ਦਾ) ਗ਼ਲਤ ਰਸਤਾ ਫੜ ਲੈਂਦੇ ਹਨ ਤੇ ਕਈ ਸਹੀ ਰਸਤਾ ਫੜਦੇ ਹਨ।
3932	98	ਭਾਣੈ ਹਰਿ ਗੁਣ ਗੁਰਮੁਖਿ ਗਾਵਾਹਾ॥		Bhaanai Har Gun Guramukh Gaavaahaa ||	By Your Will, we become Gurmukh and sing the Glorious Praises of the Lord.	ਪਰਮਾਤਮਾ ਦੀ ਰਜ਼ਾ ਵਿਚ ਹੀ ਕਈ ਜੀਵ ਗੁਰੂ ਦੀ ਸਰਨ ਪੈ ਕੇ ਹਰੀ ਦੇ ਗੁਣ ਗਾਂਦੇ ਹਨ।

3933	98	ਭਾਣੈ ਭਰਮਿ ਭਵੈ ਬਹੁ ਜੂਨੀ ਸਭ ਕਿਛੁ ਤਿਸੈ ਰਜਾਈ ਜੀਉ॥੨॥	(ਭਵੈ) ਭਟਕਦਾ	Bhaanai Bharam Bhavai Bahu Joonee Sabh Kishh Thisai Rajaaee Jeeo ||2||	By Your Will, we wander in doubt through countless lifetimes. Everything happens by Your Will. ||2||	ਪ੍ਰਭੂ ਦੀ ਰਜ਼ਾ ਅਨੁਸਾਰ ਹੀ ਜੀਵ (ਮਾਇਆ ਦੇ ਮੋਹ ਦੀ) ਭਟਕਣਾ ਵਿਚ ਫਸ ਕੇ ਅਨੇਕਾਂ ਜੂਨਾਂ ਵਿਚ ਭੌਂਦਾ ਫਿਰਦਾ ਹੈ। (ਇਹ) ਸਭ ਕੁਝ ਉਸ ਪ੍ਰਭੂ ਦੀ ਰਜ਼ਾ ਵਿਚ ਹੀ ਹੋ ਰਿਹਾ ਹੈ ॥੨॥
3934	98	ਨਾ ਕੋ ਮੂਰਖੁ ਨਾ ਕੋ ਸਿਆਣਾ॥		Naa Ko Moorakh Naa Ko Siaanaa ||	No one is foolish, and no one is clever.	(ਆਪਣੀ ਸਮਰੱਥਾ ਨਾਲ) ਨਾਹ ਕੋਈ ਜੀਵ ਮੂਰਖ ਹੈ ਤੇ ਨਾਹ ਹੀ ਕੋਈ ਸਿਆਣਾ ਹੈ।
3935	98	ਵਰਤੈ ਸਭ ਕਿਛੁ ਤੇਰਾ ਭਾਣਾ॥		Varathai Sabh Kishh Thaeraa Bhaanaa ||	Your Will determines everything;	(ਜਗਤ ਵਿਚ ਜੋ ਕੁਝ ਹੋ ਰਿਹਾ ਹੈ) ਸਭ ਤੇਰਾ ਹੁਕਮ ਹੀ ਚੱਲ ਰਿਹਾ ਹੈ।
3936	98	ਅਗਮ ਅਗੋਚਰ ਬੇਅੰਤ ਅਥਾਹਾ ਤੇਰੀ ਕੀਮਤਿ ਕਹਣੁ ਨ ਜਾਈ ਜੀਉ॥੩॥	ਅ-ਗਮ: ਪੋਲਾ ਬੋਲੋ	Agam Agochar Baeanth Athhaahaa Thaeree Keemath Kehan N Jaaee Jeeo ||3||	You are Inaccessible, Incomprehensible, Infinite and Unfathomable. Your Value cannot be expressed. ||3||	ਹੇ ਅਪਹੁੰਚ ਪ੍ਰਭੂ! ਹੇ ਇੰਦ੍ਰੀਆਂ ਦੀ ਪਹੁੰਚ ਤੋਂ ਪਰੇ ਪ੍ਰਭੂ! ਹੇ ਬੇਅੰਤ ਪ੍ਰਭੂ! ਹੇ ਅਥਾਹ ਪ੍ਰਭੂ! ਤੇਰੇ ਬਰਾਬਰ ਦੀ ਕੋਈ ਸ਼ੈ ਦੱਸੀ ਨਹੀਂ ਜਾ ਸਕਦੀ ॥੩॥
3937	98	ਖਾਕੁ ਸੰਤਨ ਕੀ ਦੇਹੁ ਪਿਆਰੇ॥	(ਖਾਕੁ) ਚਰਨ ਧੂੜ	Khaak Santhan Kee Dhaehu Piaarae ||	Please bless me with the dust of the Saints, O my Beloved.	ਹੇ ਹਰੀ! ਮੈਨੂੰ ਆਪਣੇ ਸੰਤਾਂ ਦੇ ਚਰਨਾਂ ਦੀ ਧੂੜ ਦੇਹ।
3938	98	ਆਇ ਪਇਆ ਹਰਿ ਤੇਰੈ ਦੁਆਰੈ॥		Aae Paeiaa Har Thaerai Dhuaarai ||	I have come and fallen at Your Door, O Lord.	ਹੇ ਪਿਆਰੇ ਹਰੀ! ਮੈਂ ਤੇਰੇ ਦਰ ਤੇ ਆ ਡਿੱਗਾ ਹਾਂ,

3939	98	ਦਰਸਨੁ ਪੇਖਤ ਮਨੁ ਆਘਾਵੈ ਨਾਨਕ ਮਿਲਣੁ ਸੁਭਾਈ ਜੀਉ॥੪॥੭॥੧੪॥	(ਆਘਾਵੈ) ਤ੍ਰਿਪਤ	Dharasan Paekhath Man Aaghaavai Naanak Milan Subhaaee Jeeo ||4||7||14||	Gazing upon the Blessed Vision of His Darshan, my mind is fulfilled. O Nanak, with natural ease, I merge into Him. ||4||7||14||	ਹੇ ਨਾਨਕ! (ਆਖ-ਪਰਮਾਤਮਾ ਦਾ) ਦਰਸਨ ਕੀਤਿਆਂ ਮਨ (ਦੁਨੀਆ ਦੇ ਪਦਾਰਥਾਂ ਵਲੋਂ) ਰੱਜ ਜਾਂਦਾ ਹੈ ਤੇ ਉਸ ਦੀ ਰਜ਼ਾ ਅਨੁਸਾਰ ਉਸ ਨਾਲ ਮਿਲਾਪ ਹੋ ਜਾਂਦਾ ਹੈ ॥੪॥੭॥੧੪॥
3940	98	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
3941	98	ਦੁਖੁ ਤਦੇ ਜਾ ਵਿਸਰਿ ਜਾਵੈ॥		Dhukh Thadhae Jaa Visar Jaavai ||	They forget the Lord, and they suffer in pain.	(ਜੀਵ ਨੂੰ) ਦੁੱਖ ਤਦੋਂ ਹੀ ਵਾਪਰਦਾ ਹੈ ਜਦੋਂ ਉਸ ਨੂੰ (ਪਰਮਾਤਮਾ ਦਾ ਨਾਮ) ਭੁੱਲ ਜਾਂਦਾ ਹੈ।
3942	98	ਭੁਖ ਵਿਆਪੈ ਬਹੁ ਬਿਧਿ ਧਾਵੈ॥	(ਧਾਵੈ) ਭਟਕਦਾ ਫਿਰੇ। ਬਿਧਿ: ਪੋਲਾ ਬੋਲੋ	Bhukh Viaapai Bahu Bidhh Dhhaavai ||	Afflicted with hunger, they run around in all directions.	(ਨਾਮ ਤੋਂ ਖੁੰਝੇ ਹੋਏ ਜੀਵ ਉਤੇ) ਮਾਇਆ ਦੀ ਤ੍ਰਿਸ਼ਨਾ ਜ਼ੋਰ ਪਾ ਲੈਂਦੀ ਹੈ, ਤੇ ਜੀਵ ਕਈ ਢੰਗਾਂ ਨਾਲ (ਮਾਇਆ ਦੀ ਖ਼ਾਤਰ ਭਟਕਦਾ ਫਿਰਦਾ ਹੈ।
3943	98	ਸਿਮਰਤ ਨਾਮੁ ਸਦਾ ਸੁਹੇਲਾ ਜਿਸੁ ਦੇਵੈ ਦੀਨ ਦਇਆਲਾ ਜੀਉ॥੧॥	(ਸੁਹੇਲਾ) ਸੁਖੀ	Simarath Naam Sadhaa Suhaelaa Jis Dhaevai Dheen Dhaeiaalaa Jeeo ||1||	Meditating in remembrance on the Naam, they are happy forever. The Lord, Merciful to the meek, bestows it upon them. ||1||	ਦੀਨਾਂ ਉਤੇ ਦਇਆ ਕਰਨ ਵਾਲਾ ਪਰਮਾਤਮਾ ਜਿਸ ਮਨੱਖ ਨੂੰ (ਨਾਮ ਦੀ ਦਾਤਿ) ਦੇਂਦਾ ਹੈ ਉਹ ਸਿਮਰ ਸਿਮਰ ਕੇ ਸਦਾ ਸੌਖਾ ਰਹਿੰਦਾ ਹੈ ॥੧॥

3944	98	ਸਤਿਗੁਰੁ ਮੇਰਾ ਵਡ ਸਮਰਥਾ॥	ਸਮਰੱਥਾ	Sathigur Maeraa Vadd Samarathhaa ||	My True Guru is absolutely All-powerful.	(ਪਰ ਇਹ ਨਾਮ ਦੀ ਦਾਤ ਗੁਰੂ ਦੀ ਰਾਹੀਂ ਮਿਲਦੀ ਹੈ) ਮੇਰਾ ਸਤਿਗੁਰੂ ਬੜੀ ਤਾਕਤ ਵਾਲਾ ਹੈ,
3945	99	ਜੀਇ ਸਮਾਲੀ ਤਾ ਸਭੁ ਦੁਖੁ ਲਥਾ॥	(ਜੀਇ) ਹਿਰਦੇ ਚ। ਲੱਥਾ	Jeee Samaalee Thaa Sabh Dhukh Lathhaa ||	When I dwell upon Him in my soul, all my sorrows depart.	(ਉਸ ਦੀ ਮਿਹਰ ਨਾਲ) ਜਦੋਂ ਮੈਂ (ਪਰਮਾਤਮਾ ਦਾ ਨਾਮ ਆਪਣੇ) ਹਿਰਦੇ ਵਿਚ ਵਸਾਂਦਾ ਹਾਂ ਤਾਂ ਮੇਰਾ ਸਾਰਾ ਦੁੱਖ ਦੂਰ ਹੋ ਜਾਂਦਾ ਹੈ।
3946	99	ਚਿੰਤਾ ਰੋਗੁ ਗਈ ਹਉ ਪੀੜਾ ਆਪਿ ਕਰੇ ਪ੍ਰਤਿਪਾਲਾ ਜੀਉ॥੨॥		Chinthaa Rog Gee Ho Peerraa Aap Karae Prathipaalaa Jeeo ||2||	The sickness of anxiety and the disease of ego are cured; He Himself cherishes me. ||2||	(ਮੇਰੇ ਅੰਦਰੋਂ) ਚਿੰਤਾ ਦਾ ਰੋਗ ਦੂਰ ਹੋ ਜਾਂਦਾ ਹੈ, ਮੇਰਾ ਹਉਮੈ ਦਾ ਦੁੱਖ ਦੂਰ ਹੋ ਜਾਂਦਾ ਹੈ (ਚਿੰਤਾ ਹਉਮੈ ਆਦਿਕ ਤੋਂ) ਪਰਮਾਤਮਾ ਆਪ ਮੇਰੀ ਰਾਖੀ ਕਰਦਾ ਹੈ ॥੨॥
3947	99	ਬਾਰਿਕ ਵਾਂਗੀ ਹਉ ਸਭ ਕਿਛੁ ਮੰਗਾ॥	(ਬਾਰਿਕ) ਬੱਚੇ	Baarik Vaangee Ho Sabh Kishh Mangaa ||	Like a child, I ask for everything.	(ਗੁਰੂ ਦੀ ਮਤਿ ਲੈ ਕੇ ਪਰਮਾਤਮਾ ਦੇ ਦਰ ਤੋਂ) ਮੈਂ ਅੰਞਾਣੇ ਬਾਲ ਵਾਂਗ ਹਰੇਕ ਚੀਜ਼ ਮੰਗਦਾ ਹਾਂ।
3948	99	ਦੇਦੇ ਤੋਟਿ ਨਾਹੀ ਪ੍ਰਭ ਰੰਗਾ॥	(ਰੰਗਾ) ਅਨੰਦੀਦੇਂਦੇ	Dhaedhae Thott Naahee Prabh Rangaa ||	God is Bountiful and Beautiful; He never comes up empty.	ਉਹ ਸਦਾ ਮੈਨੂੰ (ਮੇਰੀਆਂ ਮੂੰਹ ਮੰਗੀਆਂ ਚੀਜ਼ਾਂ) ਦੇਂਦਾ ਰਹਿੰਦਾ ਹੈ, ਤੇ ਪ੍ਰਭੂ ਦੀਆਂ ਦਿੱਤੀਆਂ ਚੀਜ਼ਾਂ ਵਲੋਂ ਮੈਨੂੰ ਕਦੇ ਟੋਟ ਨਹੀਂ ਆਉਂਦੀ।

3949	99	ਪੈਰੀ ਪੈ ਪੈ ਬਹੁਤੁ ਮਨਾਈ ਦੀਨ ਦਇਆਲ ਗੋਪਾਲਾ ਜੀਉ॥੩॥		Pairee Pai Pai Bahuth Manaaee Dheen Dhaeiaal Gopaalaa Jeeo ||3||	Again and again, I fall at His Feet. He is Merciful to the meek, the Sustainer of the World. ||3||	ਉਹ ਪਰਮਾਤਮਾ ਦੀਨਾਂ ਉੱਤੇ ਦਇਆ ਕਰਨ ਵਾਲਾ ਹੈ, ਸ੍ਰਿਸ਼ਟੀ ਦੇ ਜੀਵਾਂ ਦੀ ਪਾਲਨਾ ਕਰਨ ਵਾਲਾ ਹੈ, ਮੈਂ ਉਸ ਦੇ ਚਰਨਾਂ ਤੇ ਢਹਿ ਢਹਿ ਕੇ ਸਦਾ ਉਸ ਨੂੰ ਮਨਾਂਦਾ ਰਹਿੰਦਾ ਹਾਂ ॥੩॥
3950	99	ਹਉ ਬਲਿਹਾਰੀ ਸਤਿਗੁਰ ਪੂਰੇ॥		Ho Balihaaree Sathigur Poorae ||	I am a sacrifice to the Perfect True Guru,	ਮੈਂ ਪੂਰੇ ਸਤਿਗੁਰੂ ਤੋਂ ਕੁਰਬਾਨ ਜਾਂਦਾ ਹਾਂ।
3951	99	ਜਿਨਿ ਬੰਧਨ ਕਾਟੇ ਸਗਲੇ ਮੇਰੇ॥		Jin Bandhhan Kaattae Sagalae Maerae ||	Who has shattered all my bonds.	ਉਸ ਨੇ ਮੇਰੇ ਸਾਰੇ ਮਾਇਆ ਦੇ ਬੰਧਨ ਤੋੜ ਦਿੱਤੇ ਹਨ।
3952	99	ਹਿਰਦੈ ਨਾਮੁ ਦੇ ਨਿਰਮਲ ਕੀਏ ਨਾਨਕ ਰੰਗਿ ਰਸਾਲਾ ਜੀਉ॥੪॥੮॥੧੫॥	(ਰਸੱਾਲਾ) ਰਸਾਂ ਦੇ ਘਰ	Hiradhai Naam Dhae Niramal Keeae Naanak Rang Rasaalaa Jeeo ||4||8||15||	With the Naam, the Name of the Lord, in my heart, I have been purified. O Nanak, His Love has imbued me with nectar. ||4||8||15||	ਹੇ ਨਾਨਕ! ਗੁਰੂ ਨੇ ਜਿਨ੍ਹਾਂ ਨੂੰ ਪਰਮਾਤਮਾ ਦਾ ਨਾਮ ਹਿਰਦੇ ਵਿਚ ਦੇ ਕੇ ਪਵਿੱਤ੍ਰ ਜੀਵਨ ਵਾਲਾ ਬਣਾ ਦਿੱਤਾ, ਉਹ ਪ੍ਰਭੂ ਦੇ ਪ੍ਰੇਮ ਵਿਚ ਲੀਨ ਹੋ ਕੇ ਆਤਮਕ ਆਨੰਦ ਦਾ ਘਰ ਬਣ ਜਾਂਦੇ ਹਨ ॥੪॥੮॥੧੫॥
3953	99	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
3954	99	ਲਾਲ ਗੋਪਾਲ ਦਇਆਲ ਰੰਗੀਲੇ॥	(ਰੰਗੀਲੇ) ਪਿਆਰ ਸਰੂਪ	Laal Gopaal Dhaeiaal Rangeelae ||	O my Love, Sustainer of the World, Merciful, Loving Lord,	ਹੇ ਪਿਆਰੇ ਪ੍ਰਭੂ! ਹੇ ਸ੍ਰਿਸ਼ਟੀ ਦੇ ਰਾਖੇ! ਹੇ ਦਇਆ ਦੇ ਘਰ! ਹੇ ਆਨੰਦ ਦੇ ਸੋਮੇ!

3955	99	ਗਹਿਰ ਗੰਭੀਰ ਬੇਅੰਤ ਗੋਵਿੰਦੇ॥	ਪ੍ਰਕਾਸ਼ ਹੀ ਪ੍ਰਕਾਸ਼ ਸਰੂਪ (ਗਹਿਰ) ਨਿਰਹੱਲ, ਅਸੰਖ ਪਤਾਲਾਂ ਚ ਵਿਆਪਕ ਤੇ ਇਨ੍ਹਾਂ ਤੋਂ ਭੀ (ਗੰਭੀਰ) ਡੂੰਘੇ	Gehir Ganbheer Baeanth Govindhae ||	Profoundly Deep, Infinite Lord of the Universe,	ਹੇ ਡੂੰਘੇ ਤੇ ਵੱਡੇ ਜਿਗਰ ਵਾਲੇ! ਹੇ ਬੇਅੰਤ ਗੋਬਿੰਦ!
3956	99	ਊਚ ਅਥਾਹ ਬੇਅੰਤ ਸੁਆਮੀ ਸਿਮਰਿ ਸਿਮਰਿ ਹਉ ਜੀਵਾਂ ਜੀਉ॥੧॥	(ਅਥਾਹ) ਥਾਹ ਤੋਂ ਰਹਿਤ ਬੇਹਾਥ	Ooch Athhaah Baeanth Suaamee Simar Simar Ho Jeevaan Jeeo ||1||	Highest of the High, Unfathomable, Infinite Lord and Master: continually remembering You in deep meditation, I live. ||1||	ਹੇ ਸਭ ਤੋਂ ਉੱਚੇ ਅਥਾਹ ਤੇ ਬੇਅੰਤ ਪ੍ਰਭੂ! ਹੇ ਸੁਆਮੀ! (ਤੇਰੀ ਮਿਹਰ ਨਾਲ ਤੇਰਾ ਨਾਮ) ਸਿਮਰ ਸਿਮਰ ਕੇ ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ ॥੧॥
3957	99	ਦੁਖਭੰਜਨ ਨਿਧਾਨ ਅਮੋਲੇ॥		Dhukh Bhanjan Nidhhaan Amolae ||	O Destroyer of pain, Priceless Treasure,	ਹੇ (ਜੀਵਾਂ ਦੇ) ਦੁੱਖ ਨਾਸ ਕਰਨ ਵਾਲੇ! ਹੇ ਕੀਮਤੀ ਪਦਾਰਥਾਂ ਦੇ ਖ਼ਜ਼ਾਨੇ!
3958	99	ਨਿਰਭਉ ਨਿਰਵੈਰ ਅਥਾਹ ਅਤੋਲੇ॥		Nirabho Niravair Athhaah Atholae ||	Fearless, free of hate, Unfathomable, Immeasurable,	ਹੇ ਨਿਡਰ ਨਿਰਵੈਰ ਅਥਾਹ ਤੇ ਅਤੋਲ ਪ੍ਰਭੂ!
3959	99	ਅਕਾਲ ਮੂਰਤਿ ਅਜੂਨੀ ਸੰਭੌ ਮਨ ਸਿਮਰਤ ਠੰਢਾ ਥੀਵਾਂ ਜੀਉ॥੨॥		Akaal Moorath Ajoonee Sanbha Man Simarath Thandtaa Thheevaan Jeeo ||2||	Of Undying Form, Unborn, Self-illumined: remembering You in meditation, my mind is filled with a deep and profound peace. ||2||	ਤੇਰੀ ਹਸਤੀ ਮੌਤ ਤੋਂ ਰਹਿਤ ਹੈ, ਤੂੰ ਜੂਨਾਂ ਵਿਚ ਨਹੀਂ ਆਉਂਦਾ, ਤੇ ਆਪਣੇ ਆਪ ਤੋਂ ਹੀ ਪਰਗਟ ਹੁੰਦਾ ਹੈਂ। (ਤੇਰਾ ਨਾਮ) ਮਨ ਵਿਚ ਸਿਮਰ ਸਿਮਰ ਕੇ ਮੈਂ ਸ਼ਾਂਤ ਚਿੱਤ ਹੋ ਜਾਂਦਾ ਹਾਂ ॥੨॥

3960	99	ਸਦਾ ਸੰਗੀ ਹਰਿ ਰੰਗ ਗੋਪਾਲਾ॥		Sadhaa Sangee Har Rang Gopaalaa ||	The Joyous Lord, the Sustainer of the World, is my constant Companion.	ਪਰਮਾਤਮਾ (ਆਪਣੀ) ਸ੍ਰਿਸ਼ਟੀ ਦੀ ਪਾਲਣਾ ਕਰਨ ਵਾਲਾ ਹੈ, ਸਦਾ ਸਭ ਜੀਵਾਂ ਦੇ ਅੰਗ ਸੰਗ ਰਹਿੰਦਾ ਹੈ, ਤੇ ਸਭ ਸੁਖ ਦੇਣ ਵਾਲਾ ਹੈ।
3961	99	ਊਚ ਨੀਚ ਕਰੇ ਪ੍ਰਤਿਪਾਲਾ॥		Ooch Neech Karae Prathipaalaa ||	He cherishes the high and the low.	(ਜਗਤ ਵਿਚ) ਉੱਚੇ ਅਖਵਾਣ ਵਾਲੇ ਤੇ ਨੀਵੇਂ ਅਖਵਾਣ ਵਾਲੇ ਸਭ ਜੀਵਾਂ ਦੀ ਪਾਲਣਾ ਕਰਦਾ ਹੈ।
3962	99	ਨਾਮੁ ਰਸਾਇਣੁ ਮਨੁ ਤ੍ਰਿਪਤਾਇਣੁ ਗੁਰਮੁਖਿ ਅੰਮ੍ਰਿਤੁ ਪੀਵਾਂ ਜੀਉ॥੩॥	(ਰਸਾਇਣੁ) ਰਸਾਂ ਦੇ ਘਰ। (ਤ੍ਰਿਪਤਾਇਣੁ) ਤ੍ਰਿਪਤ ਕਰਨ ਵਾਲੇ	Naam Rasaaein Man Thripathaaein Guramukh Anmrith Peevaan Jeeo ||3||	The Nectar of the Name satisfies my mind. As Gurmukh, I drink in the Ambrosial Nectar. ||3||	ਪਰਮਾਤਮਾ ਦਾ ਨਾਮ ਸਭ ਰਸਾਂ ਦਾ ਸੋਮਾ ਹੈ (ਜੀਵਾਂ ਦੇ) ਮਨ ਨੂੰ (ਮਾਇਆ ਦੀ ਤ੍ਰਿਸ਼ਨਾ ਵਲੋਂ) ਤ੍ਰਿਪਤ ਕਰਨ ਵਾਲਾ ਹੈ। ਗੁਰੂ ਦੀ ਸਰਨ ਪੈ ਕੇ ਆਤਮਕ ਜੀਵਨ ਦੇਣ ਵਾਲੇ ਉਸ ਨਾਮ ਰਸ ਨੂੰ ਮੈਂ ਪੀਂਦਾ ਰਹਿੰਦਾ ਹਾਂ ॥੩॥
3963	99	ਦੁਖਿ ਸੁਖਿ ਪਿਆਰੇ ਤੁਧੁ ਧਿਆਈ॥		Dhukh Sukh Piaarae Thudhh Dhhiaaee ||	In suffering and in comfort, I meditate on You, O Beloved.	ਹੇ ਪਿਆਰੇ ਪ੍ਰਭੂ! ਦੁੱਖ ਵਿਚ (ਫਸਿਆ ਪਿਆ ਹੋਵਾਂ, ਚਾਹੇ) ਸੁਖ ਵਿਚ (ਵੱਸ ਰਿਹਾ ਹੋਵਾਂ) ਮੈਂ ਸਦਾ ਤੈਨੂੰ ਹੀ ਧਿਆਉਂਦਾ ਹਾਂ। (ਤੇਰਾ ਹੀ ਧਿਆਨ ਧਰਦਾ ਹਾਂ।)
3964	99	ਏਹ ਸੁਮਤਿ ਗੁਰੂ ਤੇ ਪਾਈ॥	ਸੁ-ਮੱਤਿ	Eaeh Sumath Guroo Thae Paaee ||	I have obtained this sublime understanding from the Guru.	ਇਹ ਚੰਗੀ ਅਕਲ ਮੈਂ (ਆਪਣੇ) ਗੁਰੂ ਤੋਂ ਲਈ ਹੈ।

3965	99	ਨਾਨਕ ਕੀ ਧਰ ਤੂੰਹੈ ਠਾਕੁਰ ਹਰਿ ਰੰਗਿ ਪਾਰਿ ਪਰੀਵਾਂ ਜੀਉ॥੪॥੯॥੧੬॥	(ਧਰ) ਓਟ ਆਸਰਾ। (ਪਰੀਵਾਂ) ਪਵਾਂ	Naanak Kee Dhhar Thoonhai Thaakur Har Rang Paar Pareevaan Jeeo ||4||9||16||	You are Nanak's Support, O my Lord and Master; through Your Love, I swim across to the other side. ||4||9||16||	ਹੇ ਸਭ ਦੇ ਪਾਲਣਹਾਰ! ਨਾਨਕ ਦਾ ਆਸਰਾ ਤੂੰ ਹੀ ਹੈਂ। (ਹੇ ਭਾਈ!) ਪਰਮਾਤਮਾ ਦੇ ਪ੍ਰੇਮ-ਰੰਗ ਵਿਚ (ਲੀਨ ਹੋ ਕੇ ਹੀ) ਮੈਂ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕਦਾ ਹਾਂ ॥੪॥੯॥੧੬॥
3966	99	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
3967	99	ਧੰਨੁ ਸੁ ਵੇਲਾ ਜਿਤੁ ਮੈ ਸਤਿਗੁਰੁ ਮਿਲਿਆ॥	ਵੇਲਾ: ਪੋਲਾ ਬੋਲੋ	Dhhann S Vaelaa Jith Mai Sathigur Miliaa ||	Blessed is that time when I meet the True Guru.	(ਮੇਰੇ ਭਾ ਦਾ) ਉਹ ਵੇਲਾ ਭਾਗਾਂ ਵਾਲਾ (ਸਾਬਤ ਹੋਇਆ) ਜਿਸ ਵੇਲੇ ਮੈਨੂੰ ਸਤਿਗੁਰੂ ਮਿਲ ਪਿਆ।
3968	99	ਸਫਲੁ ਦਰਸਨੁ ਨੇਤ੍ਰ ਪੇਖਤ ਤਰਿਆ॥		Safal Dharasan Naethr Paekhath Thariaa ||	Gazing upon the Fruitful Vision of His Darshan, I have been saved.	(ਗੁਰੂ ਦਾ) ਦਰਸਨ (ਮੇਰੇ ਵਾਸਤੇ) ਫਲ-ਦਾਇਕ ਹੋ ਗਿਆ (ਕਿਉਂਕਿ ਇਹਨਾਂ) ਅੱਖਾਂ ਨਾਲ (ਗੁਰੂ ਦਾ) ਦਰਸਨ ਕਰਦਿਆਂ (ਹੀ) ਮੈਂ (ਵਿਕਾਰਾਂ ਦੇ ਸਮੁੰਦਰ ਤੋਂ) ਪਾਰ ਲੰਘ ਗਿਆ।
3969	99	ਧੰਨੁ ਮੂਰਤ ਚਸੇ ਪਲ ਘੜੀਆ ਧੰਨਿ ਸੁ ਓਇ ਸੰਜੋਗਾ ਜੀਉ॥੧॥	(ਸੰਜੋਗਾ) ਮੇਲ ਦਾ ਸਮਾ	Dhhann Moorath Chasae Pal Gharreeaa Dhhann S Oue Sanjogaa Jeeo ||1||	Blessed are the hours, the minutes and the seconds-blessed is that Union with Him. ||1||	(ਸੋ ਮੇਰੇ ਵਾਸਤੇ) ਉਹ ਮੁਹੂਰਤ ਉਹ ਚਸੇ ਉਹ ਪਲ ਘੜੀਆਂ ਉਹ (ਗੁਰੂ-) ਮਿਲਾਪ ਦੇ ਸਮੇ ਸਾਰੇ ਹੀ ਭਾਗਾਂ ਵਾਲੇ ਹਨ ॥੧॥

3970	99	ਉਦਮੁ ਕਰਤ ਮਨੁ ਨਿਰਮਲੁ ਹੋਆ॥		Oudham Karath Man Niramal Hoaa ||	Making the effort, my mind has become pure.	(ਗੁਰੂ ਦੀ ਦੱਸੀ ਸਿਮਰਨ-ਕਾਰ ਵਾਸਤੇ) ਉੱਦਮ ਕਰਦਿਆਂ (ਮੇਰਾ) ਮਨ ਪਵਿਤ੍ਰ ਹੋ ਗਿਆ ਹੈ।
3971	99	ਹਰਿ ਮਾਰਗਿ ਚਲਤ ਭ੍ਰਮੁ ਸਗਲਾ ਖੋਇਆ॥		Har Maarag Chalath Bhram Sagalaa Khoeiaa ||	Walking on the Lord's Path, my doubts have all been cast out.	(ਗੁਰੂ ਦੀ ਰਾਹੀਂ) ਪ੍ਰਭੂ ਦੇ ਰਸਤੇ ਉੱਤੇ ਤੁਰਦਿਆਂ ਮੇਰੀ ਸਾਰੀ ਭਟਕਣਾ ਮੁੱਕ ਗਈ ਹੈ।
3972	99	ਨਾਮੁ ਨਿਧਾਨੁ ਸਤਿਗੁਰੂ ਸੁਣਾਇਆ ਮਿਟਿ ਗਏ ਸਗਲੇ ਰੋਗਾ ਜੀਉ॥੨॥		Naam Nidhhaan Sathiguroo Sunaaeiaa Mitt Geae Sagalae Rogaa Jeeo ||2||	The True Guru has inspired me to hear the Treasure of the Naam; all my illness has been dispelled. ||2||	ਗੁਰੂ ਨੇ ਮੈਨੂੰ (ਸਾਰੇ ਗੁਣਾਂ ਦਾ) ਖ਼ਜ਼ਾਨਾ ਪ੍ਰਭੂ ਦਾ ਨਾਮ ਸੁਣਾ ਦਿੱਤਾ ਹੈ (ਉਸ ਦੀ ਬਰਕਤਿ ਨਾਲ) ਮੇਰੇ ਸਾਰੇ (ਮਾਨਸਿਕ) ਰੋਗ ਦੂਰ ਹੋ ਗਏ ਹਨ ॥੨॥
3973	99	ਅੰਤਰਿ ਬਾਹਰਿ ਤੇਰੀ ਬਾਣੀ॥	ਬਾ-ਹਰਿ: ਹ ਮੁਕਤਾ, ਰ ਸਿਹਾਰੀ ਲਾ ਕੇ	Anthar Baahar Thaeree Baanee ||	The Word of Your Bani is inside and outside as well.	(ਮੈਨੂੰ) ਅੰਦਰ ਬਾਹਰ (ਸਭ ਜੀਵਾਂ ਵਿਚ) ਤੇਰਾ ਹੀ ਬਾਣੀ ਸੁਣਾਈ ਦੇ ਰਹੀ ਹੈ (ਹਰੇਕ ਵਿਚ ਤੂੰ ਹੀ ਬੋਲਦਾ ਪ੍ਰਤੀਤ ਹੋ ਰਿਹਾ ਹੈਂ।
3974	99	ਤੁਧੁ ਆਪਿ ਕਥੀ ਤੈ ਆਪਿ ਵਖਾਣੀ॥		Thudhh Aap Kathhee Thai Aap Vakhaanee ||	You Yourself chant it, and You Yourself speak it.	ਮੈਨੂੰ ਇਹ ਨਿਸਚਾ ਹੋ ਗਿਆ ਹੈ ਕਿ ਹਰੇਕ ਜੀਵ ਵਿਚ) ਤੂੰ ਆਪ ਹੀ ਕਥਨ ਕਰ ਰਿਹਾ ਹੈਂ, ਤੂੰ ਆਪ ਹੀ ਵਖਿਆਨ ਕਰ ਰਿਹਾ ਹੈਂ।

3975	99	ਗੁਰਿ ਕਹਿਆ ਸਭੁ ਏਕੋ ਏਕੋ ਅਵਰੁ ਨ ਕੋਈ ਹੋਇਗਾ ਜੀਉ॥੩॥		Gur Kehiaa Sabh Eaeko Eaeko Avar N Koee Hoeigaa Jeeo ||3||	The Guru has said that He is One-All is the One. There shall never be any other. ||3||	(ਹੇ ਪ੍ਰਭੂ!) ਗੁਰੂ ਨੇ ਮੈਨੂੰ ਦੱਸਿਆ ਹੈ ਕਿ ਹਰ ਥਾਂ ਇਕ ਤੂੰ ਹੀ ਤੂੰ ਹੈਂ, ਤੇਰੇ ਬਰਾਬਰ ਦਾ ਹੋਰ ਕੋਈ ਭੀ (ਨਾਹ ਹੋਇਆ, ਨਾਹ ਹੈ ਤੇ) ਨਾਹ ਹੋਵੇਗਾ ॥੩॥
3976	99	ਅੰਮ੍ਰਿਤ ਰਸੁ ਹਰਿ ਗੁਰ ਤੇ ਪੀਆ॥		Anmrith Ras Har Gur Thae Peeaa ||	I drink in the Lord's Ambrosial Essence from the Guru;	ਪਰਮਾਤਮਾ ਦੇ ਨਾਮ-ਰਸ ਦਾ ਸੁਆਦ ਮੈਨੂੰ ਗੁਰੂ ਪਾਸੋਂ ਪ੍ਰਾਪਤ ਹੋਇਆ ਹੈ।
3977	99	ਹਰਿ ਪੈਨਣੁ ਨਾਮੁ ਭੋਜਨੁ ਥੀਆ॥	(ਥੀਆ) ਹੋਇਆ	Har Painan Naam Bhojan Thheeaa ||	The Lord's Name has become my clothing and food.	ਹੁਣ ਪਰਮਾਤਮਾ ਦਾ ਨਾਮ ਹੀ ਮੇਰਾ ਖਾਣ-ਪੀਣ ਹੈ ਤੇ ਨਾਮ ਹੀ ਮੇਰਾ ਹੰਢਾਣ ਹੈ।
3978	99	ਨਾਮਿ ਰੰਗ ਨਾਮਿ ਚੋਜ ਤਮਾਸੇ ਨਾਉ ਨਾਨਕ ਕੀਨੇ ਭੋਗਾ ਜੀਉ॥੪॥੧੦॥੧੭॥		Naam Rang Naam Choj Thamaasae Naao Naanak Keenae Bhogaa Jeeo ||4||10||17||	The Name is my delight, the Name is my play and entertainment. O Nanak, I have made the Name my enjoyment. ||4||10||17||	ਹੇ ਨਾਨਕ! (ਆਖ-) ਪ੍ਰਭੂ-ਨਾਮ ਵਿਚ ਜੁੜੇ ਰਹਿਣਾ ਹੀ ਮੇਰੇ ਵਾਸਤੇ ਦੁਨੀਆ ਦੀਆਂ ਖ਼ੁਸ਼ੀਆਂ ਹਨ, ਨਾਮ ਵਿਚ ਜੁੜੇ ਰਹਿਣਾ ਹੀ ਮੇਰੇ ਵਾਸਤੇ ਦੁਨੀਆ ਦੇ ਰੰਗ-ਤਮਾਸ਼ੇ ਹਨ, ਪ੍ਰਭੂ-ਨਾਮ ਹੀ ਮੇਰੇ ਵਾਸਤੇ ਦੁਨੀਆ ਦੇ ਭੋਗ-ਬਿਲਾਸ ਹੈ ॥੪॥੧੦॥੧੭॥
3979	99	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
3980	99	ਸਗਲ ਸੰਤਨ ਪਹਿ ਵਸਤੁ ਇਕ ਮਾਂਗਉ॥		Sagal Santhan Pehi Vasath Eik Maango ||	I beg of all the Saints: please, give me the merchandise.	(ਹੇ ਪ੍ਰਭੂ!) ਤੇਰਾ ਭਜਨ ਕਰਨ ਵਾਲੇ ਸਾਰੇ ਬੰਦਿਆਂ ਤੋਂ ਮੈਂ ਤੇਰਾ ਨਾਮ-ਪਦਾਰਥ ਹੀ ਮੰਗਦਾ ਹਾਂ,

3981	99	ਕਰਉ ਬਿਨੰਤੀ ਮਾਨੁ ਤਿਆਗਉ॥		Karo Binanthee Maan Thiaago ||	I offer my prayers-I have forsaken my pride.	ਤੇ (ਉਹਨਾਂ ਅੱਗੇ) ਬੇਨਤੀ ਕਰਦਾ ਹਾਂ (ਕਿ ਕਿਸੇ ਤਰ੍ਹਾਂ) ਮੈਂ (ਆਪਣੇ ਅੰਦਰੋਂ) ਅਹੰਕਾਰ ਦੂਰ ਕਰ ਸਕਾਂ।
3982	99	ਵਾਰਿ ਵਾਰਿ ਜਾਈ ਲਖ ਵਰੀਆ ਦੇਹੁ ਸੰਤਨ ਕੀ ਧੂਰਾ ਜੀਉ॥੧॥	ਲੱਖ	Vaar Vaar Jaaee Lakh Vareeaa Dhaehu Santhan Kee Dhhooraa Jeeo ||1||	I am a sacrifice, hundreds of thousands of times a sacrifice, and I pray: please, give me the dust of the feet of the Saints. ||1||	ਹੇ ਪ੍ਰਭੂ! ਮੈਂ ਲੱਖਾਂ ਵਾਰ (ਤੇਰੇ ਸੰਤਾਂ ਤੋਂ) ਸਦਕੇ ਕੁਰਬਾਨ ਜਾਂਦਾ ਹਾਂ, ਮੈਨੂੰ ਆਪਣੇ ਸੰਤਾਂ ਦੇ ਚਰਨਾਂ ਦੀ ਧੂੜ ਬਖ਼ਸ਼ ॥੧॥
3983	99	ਤੁਮ ਦਾਤੇ ਤੁਮ ਪੁਰਖ ਬਿਧਾਤੇ॥		Thum Dhaathae Thum Purakh Bidhhaathae ||	You are the Giver, You are the Architect of Destiny.	ਹੇ ਪ੍ਰਭੂ! ਤੂੰ ਸਭ ਜੀਵਾਂ ਨੂੰ ਪੈਦਾ ਕਰਨ ਵਾਲਾ ਹੈਂ, ਤੂੰ ਹੀ ਸਭ ਵਿਚ ਵਿਆਪਕ ਹੈਂ, ਤੇ ਤੂੰ ਹੀ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈਂ।
3984	99	ਤੁਮ ਸਮਰਥ ਸਦਾ ਸੁਖਦਾਤੇ॥	ਸਮਰੱਥ	Thum Samarathh Sadhaa Sukhadhaathae ||	You are All-powerful, the Giver of Eternal Peace.	ਹੇ ਪ੍ਰਭੂ! ਤੂੰ ਸਾਰੀਆਂ ਤਾਕਤਾਂ ਦਾ ਮਾਲਕ ਹੈਂ, ਤੂੰ ਹੀ ਸਾਰੇ ਸੁਖ ਦੇਣ ਵਾਲਾ ਹੈਂ।
3985	99	ਸਭ ਕੋ ਤੁਮ ਹੀ ਤੇ ਵਰਸਾਵੈ ਅਉਸਰੁ ਕਰਹੁ ਹਮਾਰਾ ਪੂਰਾ ਜੀਉ॥੨॥	(ਵਰਸਾਵੈ) ਵਰੋਸਾਉਂਦਾ ਸਵਰਦਾ ਹੈ	Sabh Ko Thum Hee Thae Varasaavai Aousar Karahu Hamaaraa Pooraa Jeeo ||2||	You bless everyone. Please bring my life to fulfillment. ||2||	ਹਰੇਕ ਜੀਵ ਤੇਰੇ ਪਾਸੋਂ ਹੀ ਮੁਰਾਦਾਂ ਪਾਂਦਾ ਹੈ (ਮੈਂ ਭੀ ਤੇਰੇ ਪਾਸੋਂ ਇਹ ਮੰਗ ਮੰਗਦਾ ਹਾਂ ਕਿ ਆਪਣੇ ਨਾਮ ਦੀ ਦਾਤ ਦੇ ਕੇ) ਮੇਰਾ ਮਨੁੱਖਾ ਜਨਮ ਦਾ ਸਮਾ ਕਾਮਯਾਬ ਕਰ ॥੨॥

3986	99	ਦਰਸਨਿ ਤੇਰੈ ਭਵਨ ਪੁਨੀਤਾ॥		Dharasan Thaerai Bhavan Puneethaa ||	The body-temple is sanctified by the Blessed Vision of Your Darshan,	ਹੇ ਪ੍ਰਭੂ! (ਜਿਨ੍ਹਾਂ ਬੰਦਿਆਂ ਨੇ) ਤੇਰੇ ਦਰਸਨ (ਦੀ ਬਰਕਤਿ) ਨਾਲ ਆਪਣੇ ਸਰੀਰ-ਨਗਰ ਪਵਿਤ੍ਰ ਕਰ ਲਏ ਹਨ।
3987	99	ਆਤਮ ਗੜੁ ਬਿਖਮੁ ਤਿਨਾ ਹੀ ਜੀਤਾ॥	(ਬਿਖਮੁ) ਕਠਨ(ਆਤਮ) ਮਨ ਰੂਪੀ (ਗੜ੍) ਕਿਲਾ	Aatham Garr Bikham Thinaa Hee Jeethaa ||	And thus, the impregnable fort of the soul is conquered.	ਉਹਨਾਂ ਨੇ ਹੀ ਇਸ ਔਖੇ ਮਨ-ਕਿਲ੍ਹੇ ਨੂੰ ਵੱਸ ਵਿਚ ਕੀਤਾ ਹੈ।
3988	99	ਤੁਮ ਦਾਤੇ ਤੁਮ ਪੁਰਖ ਬਿਧਾਤੇ ਤੁਧੁ ਜੇਵਡੁ ਅਵਰੁ ਨ ਸੂਰਾ ਜੀਉ॥੩॥	(ਪੁਰਖ) ਪੂਰਨ ਵਿਸਮਾਦ ਪ੍ਰਕਾਸ਼ ਸਰੂਪ (ਬਿਧਾਤੇ) ਵੱਡੇ ਭਾਗ ਬਣਾਉਣ ਵਾਲੇ। (ਸੂਰਾ) ਸੂਰਮਾ	Thum Dhaathae Thum Purakh Bidhhaathae Thudhh Jaevadd Avar N Sooraa Jeeo ||3||	You are the Giver, You are the Architect of Destiny. There is no other warrior as great as You. ||3||	ਹੇ ਪ੍ਰਭੂ! ਤੂੰ ਹੀ ਸਭ ਨੂੰ ਦਾਤਾਂ ਦੇਣ ਵਾਲਾ ਹੈਂ, ਤੂੰ ਹੀ ਸਭ ਵਿਚ ਵਿਆਪਕ ਹੈਂ, ਤੂੰ ਹੀ ਸਭ ਦਾ ਪੈਦਾ ਕਰਨ ਵਾਲਾ ਹੈਂ, ਤੇਰੇ ਬਰਾਬਰ ਦਾ ਹੋਰ ਕੋਈ ਸੂਰਮਾ ਨਹੀਂ ਹੈ ॥੩॥
3989	100	ਰੇਨੁ ਸੰਤਨ ਕੀ ਮੇਰੈ ਮੁਖਿ ਲਾਗੀ॥		Raen Santhan Kee Maerai Mukh Laagee ||	I applied the dust of the feet of the Saints to my face.	(ਜਦੋਂ ਦੀ) ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੇਰੇ ਮੱਥੇ ਤੇ ਲੱਗੀ ਹੈ।
3990	100	ਦੁਰਮਤਿ ਬਿਨਸੀ ਕੁਬੁਧਿ ਅਭਾਗੀ॥	(ਦੁਰ-ਮੱਤਿ) ਖੋਟੀ ਮਤਿ (ਬਿਨਸੀ) ਨਾਸ ਹੋ ਗਈ। (ਕੁ-ਬੁੱਧਿ) ਖੋਟੀ ਬੁੱਧੀ (ਅਭਾਗੀ) (ਅ) ਵਿਸ਼ੇਸ਼ ਕਰਕੇ (ਭਾਗੀ) ਭੱਜ ਗਈ	Dhuramath Binasee Kubudhh Abhaagee ||	My evil-mindedness disappeared, along with my misfortune and false-mindedness.	ਮੇਰੀ ਭੈੜੀ ਮਤਿ ਨਾਸ ਹੋ ਗਈ ਹੈ, ਮੇਰੀ ਕੋਝੀ ਅਕਲ ਦੂਰ ਹੋ ਚੁਕੀ ਹੈ।

3991	100	ਸਚ ਘਰਿ ਬੈਸਿ ਰਹੇ ਗੁਣ ਗਾਏ ਨਾਨਕ ਬਿਨਸੇ ਕੂਰਾ ਜੀਉ॥੪॥੧੧॥੧੮॥		Sach Ghar Bais Rehae Gun Gaaeae Naanak Binasae Kooraa Jeeo ||4||11||18||	I sit in the true home of my self; I sing His Glorious Praises. O Nanak, my falsehood has vanished! ||4||11||18||	ਹੇ ਨਾਨਕ! (ਆਖ-) ਜੇਹੜੇ ਬੰਦੇ ਸਦਾ-ਥਿਰ ਪ੍ਰਭੂ ਦੇ ਚਰਨਾਂ ਵਿਚ ਟਿਕੇ ਰਹਿੰਦੇ ਹਨ ਤੇ ਪ੍ਰਭੂ ਦੇ ਗੁਣ ਗਾਂਦੇ ਹਨ, ਉਹਨਾਂ ਦੇ (ਅੰਦਰੋਂ ਮਾਇਆ ਦੇ ਮੋਹ ਵਾਲੇ) ਝੂਠੇ ਸੰਸਕਾਰ ਨਾਸ ਹੋ ਜਾਂਦੇ ਹਨ ॥੪॥੧੧॥੧੮॥
3992	100	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
3993	100	ਵਿਸਰੁ ਨਾਹੀ ਏਵਡ ਦਾਤੇ॥		Visar Naahee Eaevadd Dhaathae ||	I shall never forget You-You are such a Great Giver!	ਹੇ ਇਤਨੇ ਵੱਡੇ ਦਾਤਾਰ! ਮੈਂ ਤੈਨੂੰ ਕਦੇ ਨਾਹ ਭੁਲਾਵਾਂ,
3994	100	ਕਰਿ ਕਿਰਪਾ ਭਗਤਨ ਸੰਗਿ ਰਾਤੇ॥	ਰੱਾਤੇ	Kar Kirapaa Bhagathan Sang Raathae ||	Please grant Your Grace, and imbue me with the love of devotional worship.	(ਮੇਰੇ ਉੱਤੇ ਇਹ ਕਿਰਪਾ ਕਰ।) (ਹੇ ਬੇਅੰਤ ਦਾਤਾਂ ਦੇਣ ਵਾਲੇ ਪ੍ਰਭੂ!) ਹੇ ਭਗਤਾਂ ਨਾਲ ਪਿਆਰ ਕਰਨ ਵਾਲੇ ਪ੍ਰਭੂ!
3995	100	ਦਿਨਸੁ ਰੈਣਿ ਜਿਉ ਤੁਧੁ ਧਿਆਈ ਏਹੁ ਦਾਨੁ ਮੋਹਿ ਕਰਣਾ ਜੀਉ॥੧॥		Dhinas Rain Jio Thudhh Dhhiaaee Eaehu Dhaan Mohi Karanaa Jeeo ||1||	If it pleases You, let me meditate on You day and night; please, grant me this gift! ||1||	ਮੈਨੂੰ ਇਹ ਦਾਨ ਦੇਹ ਕਿ ਜਿਵੇਂ ਹੋ ਸਕੇ ਮੈਂ ਦਿਨ ਰਾਤ ਤੇਰੇ ਚਰਨਾਂ ਦਾ ਧਿਆਨ ਧਰਦਾ ਰਹਾਂ ॥੧॥
3996	100	ਮਾਟੀ ਅੰਧੀ ਸੁਰਤਿ ਸਮਾਈ॥	(ਮਾਟੀ) ਦੇਹ	Maattee Andhhee Surath Samaaee ||	Into this blind clay, You have infused awareness.	ਹੇ ਪ੍ਰਭੂ! (ਸਾਡੇ ਇਸ) ਜੜ੍ਹ ਸਰੀਰ ਵਿਚ ਤੂੰ ਚੇਤਨਤਾ ਪਾ ਦਿੱਤੀ ਹੈ,

3997	100	ਸਭ ਕਿਛੁ ਦੀਆ ਭਲੀਆ ਜਾਈ॥	(ਜਾਈ)ਜਗ੍ਹਾ	Sabh Kishh Dheeaa Bhaleeaa Jaaee ||	Everything, everywhere which You have given is good.	ਤੂੰ (ਸਾਨੂੰ ਜੀਵਾਂ ਨੂੰ) ਸਭ ਕੁਝ ਦਿੱਤਾ ਹੋਇਆ ਹੈ, ਚੰਗੀਆਂ ਥਾਵਾਂ ਦਿੱਤੀਆਂ ਹੋਈਆਂ ਹਨ।
3998	100	ਅਨਦ ਬਿਨੋਦ ਚੋਜ ਤਮਾਸੇ ਤੁਧੁ ਭਾਵੈ ਸੋ ਹੋਣਾ ਜੀਉ॥੨॥	ਅਨ-ਦ: ਪੋਲਾ ਬੋਲੋ	Anadh Binodh Choj Thamaasae Thudhh Bhaavai So Honaa Jeeo ||2||	Bliss, joyful celebrations, wondrous plays and entertainment- whatever pleases You, comes to pass. ||2||	ਹੇ ਪ੍ਰਭੂ! (ਤੇਰੇ ਪੈਦਾ ਕੀਤੇ ਜੀਵ ਕਈ ਤਰ੍ਹਾਂ ਦੀਆਂ) ਖ਼ੁਸ਼ੀਆਂ ਖੇਡ ਤਮਾਸ਼ੇ ਕਰ ਰਹੇ ਹਨ, ਇਹ ਸਭ ਕੁਝ ਜੋ ਹੋ ਰਿਹਾ ਹੈ ਤੇਰੀ ਰਜ਼ਾ ਅਨੁਸਾਰ ਹੋ ਰਿਹਾ ਹੈ ॥੨॥
3999	100	ਜਿਸ ਦਾ ਦਿਤਾ ਸਭੁ ਕਿਛੁ ਲੈਣਾ॥		Jis Dhaa Dhithaa Sabh Kishh Lainaa ||	Everything we receive is a gift from Him	(ਹੇ ਪ੍ਰਭੂ!) ਜਿਸ ਪਰਮਾਤਮਾ ਦਾ ਦਿੱਤਾ ਹੋਇਆ ਸਭ ਕੁਝ ਸਾਨੂੰ ਮਿਲ ਰਿਹਾ ਹੈ,
4000	100	ਛਤੀਹ ਅੰਮ੍ਰਿਤ ਭੋਜਨੁ ਖਾਣਾ॥	ਛੱਤੀਹ	Shhatheeh Anmrith Bhojan Khaanaa ||	-the thirty-six delicious foods to eat,	(ਜਿਸ ਦੀ ਮਿਹਰ ਨਾਲ) ਅਨੇਕਾਂ ਕਿਸਮਾਂ ਦਾ ਖਾਣਾ ਅਸੀਂ ਖਾ ਰਹੇ ਹਾਂ,
4001	100	ਸੇਜ ਸੁਖਾਲੀ ਸੀਤਲੁ ਪਵਣਾ ਸਹਜ ਕੇਲ ਰੰਗ ਕਰਣਾ ਜੀਉ॥੩॥		Saej Sukhaalee Seethal Pavanaa Sehaj Kael Rang Karanaa Jeeo ||3||	Cozy beds, cooling breezes, peaceful joy and the experience of pleasure. ||3||	(ਆਰਾਮ ਕਰਨ ਲਈ) ਸੁਖਦਾਈ ਮੰਜੇ-ਬਿਸਤ੍ਰੇ ਸਾਨੂੰ ਮਿਲੇ ਹੋਏ ਹਨ, ਠੰਢੀ ਹਵਾ ਅਸੀਂ ਮਾਣ ਰਹੇ ਹਾਂ, ਤੇ ਬੇਫ਼ਿਕਰੀ ਦੇ ਕਈ ਖੇਡ ਤਮਾਸ਼ੇ ਕਰਦੇ ਰਹਿੰਦੇ ਹਾਂ (ਉਸ ਨੂੰ ਕਦੀ ਵਿਸਾਰਨਾ ਨਹੀਂ ਚਾਹੀਦਾ) ॥੩॥
4002	100	ਸਾ ਬੁਧਿ ਦੀਜੈ ਜਿਤੁ ਵਿਸਰਹਿ ਨਾਹੀ॥		Saa Budhh Dheejai Jith Visarehi Naahee ||	Give me that state of mind, by which I may not forget You.	ਹੇ ਪ੍ਰਭੂ! ਮੈਨੂੰ ਅਜੇਹੀ ਅਕਲ ਦੇ, ਜਿਸ ਦੀ ਬਰਕਤਿ ਨਾਲ ਮੈਂ ਤੈਨੂੰ ਕਦੇ ਨਾਹ ਭੁਲਾਵਾਂ।

4003	100	ਸਾ ਮਤਿ ਦੀਜੈ ਜਿਤੁ ਤੁਧੁ ਧਿਆਈ॥		Saa Math Dheejai Jith Thudhh Dhhiaaee ||	Give me that understanding, by which I may meditate on You.	ਮੈਨੂੰ ਉਹੀ ਮਤਿ ਦੇਹ, ਕਿ ਮੈਂ ਤੈਨੂੰ ਸਿਮਰਦਾ ਰਹਾਂ।
4004	100	ਸਾਸ ਸਾਸ ਤੇਰੇ ਗੁਣ ਗਾਵਾ ਓਟ ਨਾਨਕ ਗੁਰ ਚਰਣਾ ਜੀਉ॥੪॥੧੨॥੧੯॥		Saas Saas Thaerae Gun Gaavaa Outt Naanak Gur Charanaa Jeeo ||4||12||19||	I sing Your Glorious Praises with each and every breath. Nanak takes the Support of the Guru's Feet. ||4||12||19||	ਹੇ ਨਾਨਕ! (ਆਖ-) ਮੈਨੂੰ ਗੁਰੂ ਦੇ ਚਰਨਾਂ ਦਾ ਆਸਰਾ ਦੇਹ, ਤਾਕਿ ਮੈਂ ਹਰੇਕ ਸਾਹ ਦੇ ਨਾਲ ਤੇਰੇ ਗੁਣ ਗਾਂਦਾ ਰਹਾਂ ॥੪॥੧੨॥੧੯॥
4005	100	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4006	100	ਸਿਫਤਿ ਸਾਲਾਹਣੁ ਤੇਰਾ ਹੁਕਮੁ ਰਜਾਈ॥		Sifath Saalaahan Thaeraa Hukam Rajaaee ||	To praise You is to follow Your Command and Your Will.	ਹੇ ਰਜ਼ਾ ਦੇ ਮਾਲਕ-ਪ੍ਰਭੂ! ਤੇਰਾ ਹੁਕਮ (ਸਿਰ-ਮੱਥੇ ਉੱਤੇ ਮੰਨਣਾ) ਤੇਰੀ ਸਿਫ਼ਤ-ਸਾਲਾਹ ਹੀ ਹੈ।
4007	100	ਸੋ ਗਿਆਨੁ ਧਿਆਨੁ ਜੋ ਤੁਧੁ ਭਾਈ॥		So Giaan Dhhiaan Jo Thudhh Bhaaee ||	That which pleases You is spiritual wisdom and meditation.	ਜੋ ਤੈਨੂੰ ਚੰਗਾ ਲੱਗਦਾ ਹੈ (ਉਸ ਨੂੰ ਭਲਾਈ ਜਾਨਣਾ) ਇਹੀ ਅਸਲ ਗਿਆਨ ਹੈ ਇਹੀ ਅਸਲ ਸਮਾਧੀ ਹੈ।

4008	100	ਸੋਈ ਜਪੁ ਜੋ ਪ੍ਰਭ ਜੀਉ ਭਾਵੈ ਭਾਣੈ ਪੂਰ ਗਿਆਨਾ ਜੀਉ॥੧॥		Soee Jap Jo Prabh Jeeo Bhaavai Bhaanai Poor Giaanaa Jeeo ||1||	That which pleases God is chanting and meditation; to be in harmony with His Will is perfect spiritual wisdom. ||1||	(ਹੇ ਭਾਈ!) ਜੋ ਕੁਝ ਪ੍ਰਭੂ ਜੀ ਨੂੰ ਭਾਉਂਦਾ ਹੈ (ਉਸ ਨੂੰ ਪਰਵਾਨ ਕਰਨਾ ਹੀ) ਅਸਲ ਜਪ ਹੈ, ਪਰਮਾਤਮਾ ਦੇ ਭਾਣੇ ਵਿਚ ਤੁਰਨਾ ਹੀ ਪੂਰਨ ਗਿਆਨ ਹੈ ॥੧॥
4009	100	ਅੰਮ੍ਰਿਤੁ ਨਾਮੁ ਤੇਰਾ ਸੋਈ ਗਾਵੈ॥		Anmrith Naam Thaeraa Soee Gaavai ||	He alone sings Your Ambrosial Naam,	ਹੇ ਮਾਲਕ-ਪ੍ਰਭੂ! ਆਤਮਕ ਜੀਵਨ ਦੇਣ ਵਾਲਾ ਤੇਰਾ ਨਾਮ ਉਹੀ ਮਨੁੱਖ ਗਾ ਸਕਦਾ ਹੈ,
4010	100	ਜੋ ਸਾਹਿਬ ਤੇਰੈ ਮਨਿ ਭਾਵੈ॥		Jo Saahib Thaerai Man Bhaavai ||	Who is pleasing to Your Mind, O my Lord and Master.	ਜੇਹੜਾ ਤੇਰੇ ਮਨ ਵਿਚ (ਤੈਨੂੰ) ਪਿਆਰਾ ਲੱਗਦਾ ਹੈ।
4011	100	ਤੂੰ ਸੰਤਨ ਕਾ ਸੰਤ ਤੁਮਾਰੇ ਸੰਤ ਸਾਹਿਬ ਮਨੁ ਮਾਨਾ ਜੀਉ॥੨॥		Thoon Santhan Kaa Santh Thumaarae Santh Saahib Man Maanaa Jeeo ||2||	You belong to the Saints, and the Saints belong to You. The minds of the Saints are attuned to You, O my Lord and Master. ||2||	ਹੇ ਸਾਹਿਬ! ਤੂੰ ਹੀ ਸੰਤਾਂ ਦਾ (ਸਹਾਰਾ) ਹੈਂ, ਸੰਤ ਤੇਰੇ ਆਸਰੇ ਜੀਊਂਦੇ ਹਨ, ਤੇਰੇ ਸੰਤਾਂ ਦਾ ਮਨ ਸਦਾ ਤੇਰੇ (ਚਰਨਾਂ ਵਿਚ) ਜੁੜਿਆ ਰਹਿੰਦਾ ਹੈ ॥੨॥
4012	100	ਤੂੰ ਸੰਤਨ ਕੀ ਕਰਹਿ ਪ੍ਰਤਿਪਾਲਾ॥	ਕਰ-ਹਿ	Thoon Santhan Kee Karehi Prathipaalaa ||	You cherish and nurture the Saints.	ਹੇ ਗੋਪਾਲ-ਪ੍ਰਭੂ! ਹੇ ਸ੍ਰਿਸ਼ਟੀ ਦੇ ਪਾਲਣਹਾਰ! ਤੂੰ ਆਪਣੇ ਸੰਤਾਂ ਦੀ ਸਦਾ ਰੱਖਿਆ ਕਰਦਾ ਹੈਂ।
4013	100	ਸੰਤ ਖੇਲਹਿ ਤੁਮ ਸੰਗਿ ਗੋਪਾਲਾ॥		Santh Khaelehi Thum Sang Gopaalaa ||	The Saints play with You, O Sustainer of the World.	ਤੇਰੇ ਚਰਨਾਂ ਵਿਚ ਜੁੜੇ ਰਹਿ ਕੇ ਸੰਤ ਆਤਮਕ ਆਨੰਦ ਮਾਣਦੇ ਹਨ।

4014	100	ਅਪੁਨੇ ਸੰਤ ਤੁਧੁ ਖਰੇ ਪਿਆਰੇ ਤੂ ਸੰਤਨ ਕੇ ਪ੍ਰਾਨਾ ਜੀਉ॥੩॥		Apunae Santh Thudhh Kharae Piaarae Thoo Santhan Kae Praanaa Jeeo ||3||	Your Saints are very dear to You. You are the breath of life of the Saints. ||3||	ਤੈਨੂੰ ਆਪਣੇ ਸੰਤ ਬਹੁਤ ਪਿਆਰੇ ਲੱਗਦੇ ਹਨ, ਤੂੰ ਸੰਤਾਂ ਦੀ ਜਿੰਦ-ਜਾਨ ਹੈਂ ॥੩॥
4015	100	ਉਨ ਸੰਤਨ ਕੈ ਮੇਰਾ ਮਨੁ ਕੁਰਬਾਨੇ॥		Oun Santhan Kai Maeraa Man Kurabaanae ||	My mind is a sacrifice to those Saints who know You,	ਮੇਰਾ ਮਨ ਤੇਰੇ ਉਹਨਾਂ ਸੰਤਾਂ ਤੋਂ ਸਦਾ ਸਦਕੇ ਹੈ,
4016	100	ਜਿਨ ਤੂੰ ਜਾਤਾ ਜੋ ਤੁਧੁ ਮਨਿ ਭਾਨੇ॥		Jin Thoon Jaathaa Jo Thudhh Man Bhaanae ||	And are pleasing to Your Mind.	ਜਿਨ੍ਹਾਂ ਨੇ ਤੈਨੂੰ ਪਛਾਣਿਆ ਹੈ (ਤੇਰੇ ਨਾਲ ਡੂੰਘੀ ਸਾਂਝ ਪਾਈ ਹੈ) ਜੇਹੜੇ ਤੈਨੂੰ ਤੇਰੇ ਮਨ ਵਿਚ ਪਿਆਰੇ ਲੱਗਦੇ ਹਨ।
4017	100	ਤਿਨ ਕੈ ਸੰਗਿ ਸਦਾ ਸੁਖੁ ਪਾਇਆ ਹਰਿ ਰਸ ਨਾਨਕ ਤ੍ਰਿਪਤਿ ਅਘਾਨਾ ਜੀਉ॥੪॥੧੩॥੨੦॥	(ਅਘਾਨਾ) ਸੰਤੁਸ਼ਟ	Thin Kai Sang Sadhaa Sukh Paaeiaa Har Ras Naanak Thripath Aghaanaa Jeeo ||4||13||20||	In their company I have found a lasting peace. Nanak is satisfied and fulfilled with the Sublime Essence of the Lord. ||4||13||20||	ਹੇ ਨਾਨਕ! (ਆਖ-ਹੇ ਪ੍ਰਭੂ!) (ਜੇਹੜੇ ਵਡਭਾਗੀ) ਉਹਨਾਂ ਦੀ ਸੰਗਤਿ ਵਿਚ ਰਹਿੰਦੇ ਹਨ, ਉਹ ਸਦਾ ਆਤਮਕ ਆਨੰਦ ਮਾਣਦੇ ਹਨ, ਉਹ ਪਰਮਾਤਮਾ ਦਾ ਨਾਮ ਰਸ ਪੀ ਕੇ (ਮਾਇਆ ਦੀ ਤ੍ਰਿਸ਼ਨਾ ਵਲੋਂ) ਸਦਾ ਰੱਜੇ ਰਹਿੰਦੇ ਹਨ ॥੪॥੧੩॥੨੦॥
4018	100	ਮਾਝ ਮਹਲਾ ੫॥		Maajh Mehalaa 5 ||	Maajh, Fifth Mehl	

4019	100	ਤੂੰ ਜਲਨਿਧਿ ਹਮ ਮੀਨ ਤੁਮਾਰੇ॥	(ਜਲਨਿਧਿ) ਸਮੁੰਦ੍ਰ	Thoon Jalanidhh Ham Meen Thumaarae ||	: You are the Ocean of Water, and I am Your fish.	(ਹੇ ਪ੍ਰਭੂ!) ਤੂੰ (ਮਾਨੋ) ਸਮੁੰਦਰ ਹੈਂ ਤੇ ਅਸੀਂ (ਜੀਵ) ਤੇਰੀਆਂ ਮੱਛੀਆਂ ਹਾਂ।
4020	100	ਤੇਰਾ ਨਾਮੁ ਬੂੰਦ ਹਮ ਚਾਤ੍ਰਿਕ ਤਿਖਹਾਰੇ॥	ਚਾਤ੍ਰਿ ਕ: ਪੋਲਾ ਬੋਲੋ। (ਤਿਖਹਾਰੇ) ਤਿਹਾਏ, ਚਾਹਵਾਨ	Thaeraa Naam Boondh Ham Chaathrik Thikhehaarae ||	Your Name is the drop of water, and I am a thirsty rainbird.	ਹੇ ਪ੍ਰਭੂ! ਤੇਰਾ ਨਾਮ (ਮਾਨੋ, ਸ੍ਵਾਂਤੀ ਨਛੱਤ੍ਰ ਦੀ ਵਰਖਾ ਦੀ) ਬੂੰਦ ਹੈ, ਤੇ ਅਸੀਂ (ਜੀਵ, ਮਾਨੋ) ਪਿਆਸੇ ਪਪੀਹੇ ਹਾਂ।
4021	100	ਤੁਮਰੀ ਆਸ ਪਿਆਸਾ ਤੁਮਰੀ ਤੁਮ ਹੀ ਸੰਗਿ ਮਨੁ ਲੀਨਾ ਜੀਉ॥੧॥		Thumaree Aas Piaasaa Thumaree Thum Hee Sang Man Leenaa Jeeo ||1||	You are my hope, and You are my thirst. My mind is absorbed in You. ||1||	ਹੇ ਪ੍ਰਭੂ! ਮੈਨੂੰ ਤੇਰੇ ਮਿਲਾਪ ਦੀ ਆਸ ਹੈ ਮੈਨੂੰ ਤੇਰੇ ਨਾਮ ਜਲ ਦੀ ਪਿਆਸ ਹੈ (ਜੇ ਤੇਰੀ ਮਿਹਰ ਹੋਵੇ ਤਾਂ ਮੇਰਾ) ਮਨ ਤੇਰੇ ਹੀ ਚਰਨਾਂ ਵਿਚ ਜੁੜਿਆ ਰਹੇ ॥੧॥
4022	100	ਜਿਉ ਬਾਰਿਕੁ ਪੀ ਖੀਰੁ ਅਘਾਵੈ॥	(ਖੀਰੁ) ਦੁੱਧ। (ਅਘਾਵੈ) ਤ੍ਰਿਪਤ	Jio Baarik Pee Kheer Aghaavai ||	Just as the baby is satisfied by drinking milk,	ਜਿਵੇਂ ਅੰਞਾਣਾ ਬਾਲ (ਆਪਣੀ ਮਾਂ ਦਾ) ਦੁੱਧ ਪੀ ਕੇ ਰੱਜ ਜਾਂਦਾ ਹੈ,
4023	100	ਜਿਉ ਨਿਰਧਨੁ ਧਨੁ ਦੇਖਿ ਸੁਖੁ ਪਾਵੈ॥		Jio Niradhhan Dhhan Dhaekh Sukh Paavai ||	And the poor person is pleased by seeing wealth,	ਜਿਵੇਂ (ਕੋਈ) ਕੰਗਾਲ ਮਨੁੱਖ (ਮਿਲਿਆ) ਧਨ ਵੇਖ ਕੇ ਸੁਖ ਮਹਿਸੂਸ ਕਰਦਾ ਹੈ,

4024	100	ਤ੍ਰਿਖਾਵੰਤ ਜਲੁ ਪੀਵਤ ਠੰਢਾ ਤਿਉ ਹਰਿ ਸੰਗਿ ਇਹੁ ਮਨੁ ਭੀਨਾ ਜੀਉ॥੨॥	(ਭੀਨਾ) ਭਿੱਜਿਆ	Thrikhaavanth Jal Peevath Thandtaa Thio Har Sang Eihu Man Bheenaa Jeeo ||2||	And the thirsty person is refreshed by drinking cool water, so is this mind drenched with delight in the Lord. ||2||	ਜਿਵੇਂ ਕੋਈ ਤ੍ਰਿਹਾਇਆ ਮਨੁੱਖ ਠੰਢਾ ਪਾਣੀ ਪੀ ਕੇ (ਖ਼ੁਸ਼ ਹੁੰਦਾ ਹੈ) ਤਿਵੇਂ (ਹੇ ਪ੍ਰਭੂ! ਜੇ ਤੇਰੀ ਕ੍ਰਿਪਾ ਹੋਵੇ ਤਾਂ) ਮੇਰਾ ਇਹ ਮਨ ਤੇਰੇ ਚਰਨਾਂ ਵਿਚ (ਤੇਰੇ ਨਾਮ-ਜਲ ਨਾਲ) ਭਿੱਜ ਜਾਏ (ਤਾਂ ਮੈਨੂੰ ਖੁਸ਼ੀ ਹੋਵੇ) ॥੨॥
4025	100	ਜਿਉ ਅੰਧਿਆਰੈ ਦੀਪਕੁ ਪਰਗਾਸਾ॥		Jio Andhhiaarai Dheepak Paragaasaa ||	Just as the darkness is lit up by the lamp,	ਜਿਵੇਂ ਹਨੇਰੇ ਵਿਚ ਦੀਵਾ ਚਾਨਣ ਕਰਦਾ ਹੈ,
4026	100	ਭਰਤਾ ਚਿਤਵਤ ਪੂਰਨ ਆਸਾ॥	(ਭਰਤਾ) ਪਤੀ	Bharathaa Chithavath Pooran Aasaa ||	And the hopes of the wife are fulfilled by thinking about her husband,	ਜਿਵੇਂ ਪਤੀ ਦੇ ਮਿਲਾਪ ਦੀ ਤਾਂਘ ਕਰਦਿਆਂ ਕਰਦਿਆਂ ਇਸਤ੍ਰੀ ਦੀ ਆਸ ਪੂਰੀ ਹੁੰਦੀ ਹੈ,
4027	100	ਮਿਲਿ ਪ੍ਰੀਤਮ ਜਿਉ ਹੋਤ ਅਨੰਦਾ ਤਿਉ ਹਰਿ ਰੰਗਿ ਮਨੁ ਰੰਗੀਨਾ ਜੀਉ॥੩॥		Mil Preetham Jio Hoth Anandhaa Thio Har Rang Man Rangeenaa Jeeo ||3||	And people are filled with bliss upon meeting their beloved, so is my mind imbued with the Lord's Love. ||3||	ਤੇ ਆਪਣੇ ਪ੍ਰੀਤਮ ਨੂੰ ਮਿਲ ਕੇ ਉਸ ਦੇ ਹਿਰਦੇ ਵਿਚ ਆਨੰਦ ਪੈਦਾ ਹੁੰਦਾ ਹੈ, ਤਿਵੇਂ (ਜਿਸ ਉੱਤੇ ਪ੍ਰਭੂ ਦੀ ਮਿਹਰ ਹੋਵੇ ਉਸਦਾ) ਮਨ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਜਾਂਦਾ ਹੈ ॥੩॥
4028	100	ਸੰਤਨ ਮੋਕਉ ਹਰਿ ਮਾਰਗਿ ਪਾਇਆ॥		Santhan Mo Ko Har Maarag Paaeiaa ||	The Saints have set me upon the Lord's Path.	ਹੇ ਨਾਨਕ! (ਆਖ-) ਸੰਤਾਂ ਨੇ ਮੈਨੂੰ ਪਰਮਾਤਮਾ ਦੇ (ਮਿਲਾਪ ਦੇ) ਰਸਤੇ ਉੱਤੇ ਪਾ ਦਿੱਤਾ ਹੈ।

4029	100	ਸਾਧ ਕ੍ਰਿਪਾਲਿ ਹਰਿ ਸੰਗਿ ਗਿਝਾਇਆ॥		Saadhh Kirapaal Har Sang Gijhaaeiaa ||	By the Grace of the Holy Saint, I have been attuned to the Lord.	ਕਿਰਪਾਲ ਗੁਰੂ ਨੇ ਮੈਨੂੰ ਪਰਮਾਤਮਾ ਦੇ ਚਰਨਾਂ ਵਿਚ ਰਹਿਣ ਦੀ ਗੇਝ ਪਾ ਦਿੱਤੀ ਹੈ।
4030	100	ਹਰਿ ਹਮਰਾ ਹਮ ਹਰਿ ਕੇ ਦਾਸੇ ਨਾਨਕ ਸਬਦੁ ਗੁਰੂ ਸਚੁ ਦੀਨਾ ਜੀਉ॥੪॥੧੪॥੨੧॥		Har Hamaraa Ham Har Kae Dhaasae Naanak Sabadh Guroo Sach Dheenaa Jeeo ||4||14||21||	The Lord is mine, and I am the slave of the Lord. O Nanak, the Guru has blessed me with the True Word of the Shabad. ||4||14||21||	ਹੁਣ ਪਰਮਾਤਮਾ ਮੇਰਾ (ਆਸਰਾ ਬਣ ਗਿਆ ਹੈ), ਮੈਂ ਪਰਮਾਤਮਾ ਦਾ (ਹੀ) ਸੇਵਕ (ਬਣ ਚੁੱਕਾ) ਹਾਂ, ਗੁਰੂ ਨੇ ਮੈਨੂੰ ਸਦਾ-ਥਿਰ ਰਹਿਣ ਵਾਲਾ ਸਿਫ਼ਤ-ਸਾਲਾਹ ਦਾ ਸ਼ਬਦ ਬਖ਼ਸ਼ ਦਿੱਤਾ ਹੈ ॥੪॥੧੪॥੨੧॥
4031	100	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4032	100	ਅੰਮ੍ਰਿਤ ਨਾਮੁ ਸਦਾ ਨਿਰਮਲੀਆ॥		Anmrith Naam Sadhaa Niramaleeaa ||	The Ambrosial Naam, the Name of the Lord, is eternally pure.	ਹੇ ਮਨ! ਜੇਹੜਾ ਪਰਮਾਤਮਾ (ਜੀਵਾਂ ਨੂੰ) ਸੁੱਖ ਦੇਣ ਵਾਲਾ ਹੈ ਤੇ (ਜੀਵਾਂ ਦੇ) ਦੁੱਖ ਦੂਰ ਕਰਨ ਦੀ ਸਮਰੱਥਾ ਰੱਖਦਾ ਹੈ,
4033	100	ਸੁਖਦਾਈ ਦੂਖ ਬਿਡਾਰਨ ਹਰੀਆ॥		Sukhadhaaee Dhookh Biddaaran Hareeaa ||	The Lord is the Giver of Peace and the Dispeller of sorrow.	ਉਸ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਐਸਾ ਜਲ ਹੈ ਜੋ ਸਦਾ ਹੀ ਸਾਫ਼ ਰਹਿੰਦਾ ਹੈ।

4034	100	ਅਵਰਿ ਸਾਦ ਚਖਿ ਸਗਲੇ ਦੇਖੇ ਮਨ ਹਰਿ ਰਸੁ ਸਭ ਤੇ ਮੀਠਾ ਜੀਉ॥੧॥	(ਚੱਖਿ) ਛਕ ਕੇ	Avar Saadh Chakh Sagalae Dhaekhae Man Har Ras Sabh Thae Meethaa Jeeo ||1||	I have seen and tasted all other flavors, but to my mind, the Subtle Essence of the Lord is the sweetest of all. ||1||	ਹੇ ਮਨ! (ਦੁਨੀਆ ਦੇ ਪਦਾਰਥਾਂ ਦੇ) ਹੋਰ ਸਾਰੇ ਸੁਆਦ ਚੱਖ ਕੇ ਮੈਂ ਵੇਖ ਲਏ ਹਨ, ਪਰਮਾਤਮਾ ਦੇ ਨਾਮ ਦਾ ਸੁਆਦ ਹੋਰ ਸਭਨਾਂ ਤੋਂ ਮਿੱਠਾ ਹੈ ॥੧॥
4035	101	ਜੋ ਜੋ ਪੀਵੈ ਸੋ ਤ੍ਰਿਪਤਾਵੈ॥		Jo Jo Peevai So Thripathaavai ||	Whoever drinks this in, is satisfied.	(ਹੇ ਭਾਈ!) ਜੇਹੜਾ ਜੇਹੜਾ ਮਨੁੱਖ ਪਰਮਾਤਮਾ ਦੇ ਨਾਮ ਦਾ ਰਸ ਪੀਂਦਾ ਹੈ ਨਾਮ ਦਾ ਰਸ ਪ੍ਰਾਪਤ ਕਰਦਾ ਹੈ, ਉਹ (ਦੁਨੀਆ ਦੇ ਪਦਾਰਥਾਂ ਵਲੋਂ) ਰੱਜ ਜਾਂਦਾ ਹੈ।
4036	101	ਅਮਰੁ ਹੋਵੈ ਜੋ ਨਾਮ ਰਸੁ ਪਾਵੈ॥		Amar Hovai Jo Naam Ras Paavai ||	Whoever obtains the Sublime Essence of the Naam becomes immortal.	ਉਸ ਨੂੰ ਆਤਮਕ ਮੌਤ ਕਦੇ ਭੀ ਪੋਹ ਨਹੀਂ ਸਕਦੀ।
4037	101	ਨਾਮ ਨਿਧਾਨ ਤਿਸਹਿ ਪਰਾਪਤਿ ਜਿਸੁ ਸਬਦੁ ਗੁਰੂ ਮਨਿ ਵੂਠਾ ਜੀਉ॥੨॥	(ਵੂਠਾ) ਵਸਿਆ	Naam Nidhhaan Thisehi Paraapath Jis Sabadh Guroo Man Voothaa Jeeo ||2||	The Treasure of the Naam is obtained by one whose mind is filled with the Word of the Guru's Shabad. ||2||	(ਪਰ ਪ੍ਰਭੂ-) ਨਾਮ ਦੇ ਖ਼ਜ਼ਾਨੇ ਸਿਰਫ਼ ਉਸ ਨੂੰ ਮਿਲਦੇ ਹਨ, ਜਿਸ ਦੇ ਮਨ ਵਿਚ ਗੁਰੂ ਦਾ ਸ਼ਬਦ ਆ ਵੱਸਦਾ ਹੈ ॥੨॥

4038	101	ਜਿਨਿ ਹਰਿ ਰਸੁ ਪਾਇਆ ਸੋ ਤ੍ਰਿਪਤਿ ਅਘਾਨਾ॥	(ਅਘਾਨਾ) ਸੰਤੁਸ਼ਟ	Jin Har Ras Paaeiaa So Thripath Aghaanaa ||	One who obtains the Sublime Essence of the Lord is satisfied and fulfilled.	ਜਿਸ ਮਨੁੱਖ ਨੇ ਪਰਮਾਤਮਾ ਦੇ ਨਾਮ ਦਾ ਰਸ ਚੱਖਿਆ ਹੈ, ਉਹ ਪੂਰਨ ਤੌਰ ਤੇ ਰੱਜ ਗਿਆ ਹੈ (ਉਸ ਦੀ ਮਾਇਆ ਵਾਲੀ ਤ੍ਰੇਹ ਭੁੱਖ ਮਿਟ ਗਈ ਹੈ।)
4039	101	ਜਿਨਿ ਹਰਿ ਸਾਦੁ ਪਾਇਆ ਸੋ ਨਾਹਿ ਡੁਲਾਨਾ॥		Jin Har Saadh Paaeiaa So Naahi Ddulaanaa ||	One who obtains this Flavor of the Lord does not waver.	ਜਿਸ ਮਨੁੱਖ ਨੇ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਿਆ ਹੈ, ਉਹ (ਮਾਇਆ ਦੇ ਹੱਲਿਆਂ ਵਿਕਾਰਾਂ ਦੇ ਹੱਲਿਆਂ ਦੇ ਸਾਹਮਣੇ) ਕਦੇ ਡੋਲਦਾ ਨਹੀਂ।
4040	101	ਤਿਸਹਿ ਪਰਾਪਤਿ ਹਰਿ ਹਰਿ ਨਾਮਾ ਜਿਸੁ ਮਸਤਕਿ ਭਾਗੀਠਾ ਜੀਉ॥੩॥	(ਭਾਗੀਠਾ) ਵੱਡੇ ਭਾਗ	Thisehi Paraapath Har Har Naamaa Jis Masathak Bhaageethaa Jeeo ||3||	One who has this destiny written on his forehead obtains the Name of the Lord, Har, Har. ||3||	(ਪਰ) ਪਰਮਾਤਮਾ ਦਾ ਇਹ ਨਾਮ ਸਿਰਫ਼ ਉਸ ਮਨੁੱਖ ਨੂੰ ਮਿਲਦਾ ਹੈ; ਜਿਸ ਦੇ ਮੱਥੇ ਉਤੇ ਚੰਗਾ ਭਾਗ (ਜਾਗ ਪਏ) ॥੩॥
4041	101	ਹਰਿ ਇਕਸੁ ਹਥਿ ਆਇਆ ਵਰਸਾਣੇ ਬਹੁਤੇਰੇ॥	(ਇਕਸੁ) ਇੱਕ ਪਰਮਪੂਜਨੀਕ ਧੰਨ ਵਾਹਿਗੁਰੂ ਸੱਚੇ ਸਤਿਗੁਰੂ ਨਾਨਕ ਦੇਵ ਸਾਹਿਬ ਜੀ ਦੇ ਪਰਮਪਵਿੱਤ੍ਰ ਸੱਚੇ ਪਰਉਪਕਾਰੀ (ਹਥਿ) ਹਸਤ ਕਮਲਾਂ ਚ, ਹਰਿ ਜੀ ਆਇ ਭਾਵ ਸਾਖਿਆਤ ਹੋਏ। ਬਹੁ-ਤੇਰੇ	Har Eikas Hathh Aaeiaa Varasaanae Bahuthaerae ||	The Lord has come into the hands of the One, the Guru, who has blessed so many with good fortune.	ਜਦੋਂ ਇਹ ਹਰਿ-ਨਾਮ ਇੱਕ (ਗੁਰੂ) ਦੇ ਹੱਥ ਵਿਚ ਆ ਜਾਂਦਾ ਹੈ ਤਾਂ (ਉਸ ਗੁਰੂ ਪਾਸੋਂ) ਅਨੇਕਾਂ ਬੰਦੇ ਲਾਭ ਉਠਾਂਦੇ ਹਨ।

4042	101	ਤਿਸੁ ਲਗਿ ਮੁਕਤੁ ਭਏ ਘਣੇਰੇ॥	(ਘਣੇਰੇ) ਅਨੇਕਾਂ	This Lag Mukath Bheae Ghanaerae ||	Attached to Him, a great many have been liberated.	ਉਸ (ਗੁਰੂ ਦੀ) ਚਰਨੀਂ ਲੱਗ ਕੇ ਅਨੇਕਾਂ ਹੀ ਮਨੁੱਖ (ਮਾਇਆ ਦੇ ਬੰਧਨਾਂ ਤੋਂ) ਆਜ਼ਾਦ ਹੋ ਜਾਂਦੇ ਹਨ।
4043	101	ਨਾਮੁ ਨਿਧਾਨਾ ਗੁਰਮੁਖਿ ਪਾਈਐ ਕਹੁ ਨਾਨਕ ਵਿਰਲੀ ਡੀਠਾ ਜੀਉ॥੪॥੧੫॥੨੨॥		Naam Nidhhaanaa Guramukh Paaeeai Kahu Naanak Viralee Ddeethaa Jeeo ||4||15||22||	The Gurmukh obtains the Treasure of the Naam; says Nanak, those who see the Lord are very rare. ||4||15||22||	ਇਹ ਨਾਮ-ਖ਼ਜ਼ਾਨਾ ਗੁਰੂ ਦੀ ਸਰਨ ਪਿਆਂ ਹੀ ਮਿਲਦਾ ਹੈ। ਨਾਨਕ ਆਖਦਾ ਹੈ- ਵਿਰਲਿਆਂ ਨੇ (ਇਸ ਨਾਮ ਖ਼ਜ਼ਾਨੇ ਦਾ) ਦਰਸਨ ਕੀਤਾ ਹੈ ॥੪॥੧੫॥੨੨॥
4044	101	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4045	101	ਨਿਧਿ ਸਿਧਿ ਰਿਧਿ ਹਰਿ ਹਰਿ ਹਰਿ ਮੇਰੈ॥		Nidhh Sidhh Ridhh Har Har Har Maerai ||	My Lord, Har, Har, Har, is the nine treasures, the supernatural spiritual powers of the Siddhas, wealth and prosperity.	(ਹੇ ਭਾਈ!) ਮੇਰੇ ਵਾਸਤੇ ਤਾਂ ਪਰਮਾਤਮਾ ਦਾ ਨਾਮ ਹੀ ਦੁਨੀਆ ਦੇ ਨੌ ਖ਼ਜ਼ਾਨੇ ਹੈ, ਪ੍ਰਭੂ-ਨਾਮ ਹੀ ਆਤਮਕ ਤਾਕਤਾਂ ਹੈ, ਪ੍ਰਭ-ਨਾਮ ਹੀ ਧਨ ਦੀ ਬਹੁਲਤਾ ਹੈ।
4046	101	ਜਨਮੁ ਪਦਾਰਥੁ ਗਹਿਰ ਗੰਭੀਰੈ॥	ਪ੍ਰਕਾਸ਼ ਹੀ ਪ੍ਰਕਾਸ਼ ਸਰੂਪ (ਗਹਿਰ) ਨਿਰਹੱਲ, ਅਸੰਖ ਪਤਾਲਾਂ ਚ ਵਿਆਪਕ ਤੇ ਇਨ੍ਹਾਂ ਤੋਂ ਭੀ (ਗੰਭੀਰੈ) ਡੂੰਘੇ	Janam Padhaarathh Gehir Ganbheerai ||	He is the Deep and Profound Treasure of Life.	ਡੂੰਘੇ ਤੇ ਵੱਡੇ ਜਿਗਰੇ ਵਾਲੇ ਪਰਮਾਤਮਾ ਦੀ ਮਿਹਰ ਨਾਲ ਮੈਨੂੰ ਮਨੁੱਖਾ-ਜਨਮ (ਦੁਰਲੱਭ) ਪਦਾਰਥ (ਦਿੱਸ ਰਿਹਾ) ਹੈ।

4047	101	ਲਾਖ ਕੋਟ ਖੁਸੀਆ ਰੰਗ ਰਾਵੈ ਜੋ ਗੁਰ ਲਾਗਾ ਪਾਈ ਜੀਉ॥੧॥	(ਰਾਵੈ) ਮਾਣੇ	Laakh Kott Khuseeaa Rang Raavai Jo Gur Laagaa Paaee Jeeo ||1||	Hundreds of thousands, even millions of pleasures and delights are enjoyed by one who falls at the Guru's Feet. ||1||	(ਪਰ ਇਹ ਨਾਮ ਗੁਰੂ ਦੀ ਕਿਰਪਾ ਨਾਲ ਹੀ ਮਿਲਦਾ ਹੈ) ਜੇਹੜਾ ਮਨੁੱਖ ਗੁਰੂ ਦੀ ਚਰਨੀਂ ਲੱਗਦਾ ਹੈ, ਉਹ ਲੱਖਾਂ ਕ੍ਰੋੜਾਂ (ਆਤਮਕ) ਖ਼ੁਸ਼ੀਆਂ ਦਾ ਆਨੰਦ ਮਾਣਦਾ ਹੈ ॥੧॥
4048	101	ਦਰਸਨੁ ਪੇਖਤ ਭਏ ਪੁਨੀਤਾ॥	(ਪੁਨੀਤਾ) ਪਵਿੱਤ੍ਰ	Dharasan Paekhath Bheae Puneethaa ||	Gazing upon the Blessed Vision of His Darshan, all are sanctified,	(ਗੁਰੂ ਦਾ) ਦੀਦਾਰ ਕਰ ਕੇ (ਮੇਰਾ ਤਨ ਮਨ) ਪਵਿਤ੍ਰ ਹੋ ਗਿਆ ਹੈ।
4049	101	ਸਗਲ ਉਧਾਰੇ ਭਾਈ ਮੀਤਾ॥		Sagal Oudhhaarae Bhaaee Meethaa ||	And all family and friends are saved.	ਮੇਰੇ ਸਾਰੇ ਭਰਾ ਤੇ ਮਿੱਤਰ (ਗਿਆਨ-ਇੰਦ੍ਰੇ ਗੁਰੂ ਨੇ ਵਿਕਾਰਾਂ ਤੋਂ) ਬਚਾ ਲਏ ਹਨ।
4050	101	ਅਗਮ ਅਗੋਚਰੁ ਸੁਆਮੀ ਅਪੁਨਾ ਗੁਰ ਕਿਰਪਾ ਤੇ ਸਚੁ ਧਿਆਈ ਜੀਉ॥੨॥		Agam Agochar Suaamee Apunaa Gur Kirapaa Thae Sach Dhhiaaee Jeeo ||2||	The One, the Guru, who is sought by all- only a few, by great good fortune, receive His Darshan.	ਮੈਂ ਗੁਰੂ ਦੀ ਕਿਰਪਾ ਨਾਲ ਆਪਣੇ ਉਸ ਮਾਲਕ ਨੂੰ ਸਿਮਰ ਰਿਹਾ ਹਾਂ, ਜੋ ਅਪਹੁੰਚ ਹੈ ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੈ ਤੇ ਜੋ ਸਦਾ ਕਾਇਮ ਰਹਿਣ ਵਾਲਾ ਹੈ ॥੨॥
4051	101	ਜਾ ਕਉ ਖੋਜਹਿ ਸਰਬ ਉਪਾਏ॥		Jaa Ko Khojehi Sarab Oupaaeae ||	The One, the Guru, who is sought by all- only a few,	ਜਿਸ ਪਰਮਾਤਮਾ ਨੂੰ ਉਸ ਦੇ ਪੈਦਾ ਕੀਤੇ ਸਾਰੇ ਜੀਵ ਭਾਲਦੇ ਰਹਿੰਦੇ ਹਨ,
4052	101	ਵਡਭਾਗੀ ਦਰਸਨੁ ਕੋ ਵਿਰਲਾ ਪਾਏ॥		Vaddabhaagee Dharasan Ko Viralaa Paaeae ||	By great good fortune, receive His Darshan.	ਉਸ ਦਾ ਦਰਸਨ ਕੋਈ ਵਿਰਲਾ ਵੱਡੇ ਭਾਗਾਂ ਵਾਲਾ ਮਨੁੱਖ ਪ੍ਰਾਪਤ ਕਰਦਾ ਹੈ।

4053	101	ਊਚ ਅਪਾਰ ਅਗੋਚਰ ਥਾਨਾ ਓਹੁ ਮਹਲੁ ਗੁਰੂ ਦੇਖਾਈ ਜੀਉ॥੩॥		Ooch Apaar Agochar Thhaanaa Ouhu Mehal Guroo Dhaekhaaee Jeeo ||3||	His Place is lofty, infinite and unfathomable; the Guru has shown me that palace. ||3||	ਜੇਹੜਾ ਪ੍ਰਭੂ ਸਭ ਤੋਂ ਉੱਚੀ ਹਸਤੀ ਵਾਲਾ ਹੈ, ਜਿਸ ਦੇ ਗੁਣਾਂ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ, ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਉਸਦਾ ਉਹ ਉੱਚਾ ਥਾਂ-ਟਿਕਾਣਾ ਗੁਰੂ (ਹੀ) ਵਿਖਾਂਦਾ ਹੈ ॥੩॥
4054	101	ਗਹਿਰ ਗੰਭੀਰ ਅੰਮ੍ਰਿਤ ਨਾਮੁ ਤੇਰਾ॥		Gehir Ganbheer Anmrith Naam Thaeraa ||	Your Ambrosial Name is deep and profound.	ਹੇ ਡੂੰਘੇ ਪ੍ਰਭੂ! ਹੇ ਵੱਡੇ ਜਿਗਰੇ ਵਾਲੇ ਪ੍ਰਭੂ! ਤੇਰਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ।
4055	101	ਮੁਕਤਿ ਭਇਆ ਜਿਸੁ ਰਿਦੈ ਵਸੇਰਾ॥		Mukath Bhaeiaa Jis Ridhai Vasaeraa ||	That person is liberated, in whose heart You dwell.	ਜਿਸ ਮਨੁੱਖ ਦੇ ਹਿਰਦੇ ਵਿਚ ਤੇਰਾ ਨਾਮ ਵੱਸ ਪੈਂਦਾ ਹੈ, ਉਹ ਵਿਕਾਰਾਂ ਤੋਂ ਖ਼ਲਾਸੀ (ਵਾਲਾ) ਬਣ ਜਾਂਦਾ ਹੈ।
4056	101	ਗੁਰਿ ਬੰਧਨ ਤਿਨ ਕੇ ਸਗਲੇ ਕਾਟੇ ਜਨ ਨਾਨਕ ਸਹਜਿ ਸਮਾਈ ਜੀਉ॥੪॥੧੬॥੨੩॥		Gur Bandhhan Thin Kae Sagalae Kaattae Jan Naanak Sehaj Samaaee Jeeo ||4||16||23||	The Guru cuts away all his bonds; O Servant Nanak, he is absorbed in the poise of intuitive peace. ||4||16||23||	ਹੇ ਨਾਨਕ! (ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ-ਨਾਮ ਵੱਸਿਆ ਹੈ) ਗੁਰੂ ਨੇ ਉਹਨਾਂ ਦੇ ਸਾਰੇ ਮਾਇਆ ਦੇ ਫਾਹੇ ਕੱਟ ਦਿੱਤੇ ਹਨ ਉਹ ਸਦਾ ਆਤਮਕ ਅਡੋਲਤਾ ਵਿਚ ਲੀਨ ਰਹਿੰਦੇ ਹਨ ॥੪॥੧੬॥੨੩॥
4057	101	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	

4058	101	ਪ੍ਰਭ ਕਿਰਪਾ ਤੇ ਹਰਿ ਹਰਿ ਧਿਆਵਉ॥		Prabh Kirapaa Thae Har Har Dhhiaavo ||	By God's Grace, I meditate on the Lord, Har, Har.	ਪਰਮਾਤਮਾ ਦੀ ਮਿਹਰ ਨਾਲ ਮੈਂ ਪਰਮਾਤਮਾ ਦਾ ਨਾਮ ਸਿਮਰਦਾ ਹਾਂ।
4059	101	ਪ੍ਰਭੂ ਦਇਆ ਤੇ ਮੰਗਲੁ ਗਾਵਉ॥		Prabhoo Dhaeiaa Thae Mangal Gaavo ||	By God's Kindness, I sing the songs of joy.	ਪਰਮਾਤਮਾ ਦੀ ਹੀ ਕਿਰਪਾ ਨਾਲ ਮੈਂ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦਾ ਹਾਂ।
4060	101	ਊਠਤ ਬੈਠਤ ਸੋਵਤ ਜਾਗਤ ਹਰਿ ਧਿਆਈਐ ਸਗਲ ਅਵਰਦਾ ਜੀਉ॥੧॥	(ਅ-ਵਰਦਾ) ਉਮਰ	Oothath Baithath Sovath Jaagath Har Dhhiaaeeai Sagal Avaradhaa Jeeo ||1||	While standing and sitting, while sleeping and while awake, meditate on the Lord, all your life. ||1||	(ਹੇ ਭਾਈ!) ਉਠਦਿਆਂ ਬੈਠਦਿਆਂ ਸੁੱਤਿਆਂ ਜਾਗਦਿਆਂ ਸਾਰੀ (ਹੀ) ਉਮਰ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ ॥੧॥
4061	101	ਨਾਮੁ ਅਉਖਧੁ ਮੋਕਉ ਸਾਧੂ ਦੀਆ॥		Naam Aoukhadhh Mo Ko Saadhhoo Dheeaa ||	The Holy Saint has given me the Medicine of the Naam.	ਪਰਮਾਤਮਾ ਦਾ ਨਾਮ ਦਾਰੂ (ਹੈ, ਜਦੋਂ) ਮੈਨੂੰ ਗੁਰੂ ਨੇ ਦਿੱਤਾ।
4062	101	ਕਿਲਬਿਖ ਕਾਟੇ ਨਿਰਮਲੁ ਥੀਆ॥		Kilabikh Kaattae Niramal Thheeaa ||	My sins have been cut out, and I have become pure.	(ਇਸ ਦੀ ਬਰਕਤਿ ਨਾਲ ਮੇਰੇ ਸਾਰੇ) ਪਾਪ ਕੱਟੇ ਗਏ ਤੇ ਮੈਂ ਪਵਿਤ੍ਰ ਹੋ ਗਿਆ।

4063	101	ਅਨਦੁ ਭਇਆ ਨਿਕਸੀ ਸਭ ਪੀਰਾ ਸਗਲ ਬਿਨਾਸੇ ਦਰਦਾ ਜੀਉ॥੨॥	ਅਨ-ਦੁ: ਪੋਲਾ ਬੋਲੋ	Anadh Bhaeiaa Nikasee Sabh Peeraa Sagal Binaasae Dharadhaa Jeeo ||2||	I am filled with bliss, and all my pains have been taken away. All my suffering has been dispelled. ||2||	(ਮੇਰੇ ਅੰਦਰ ਆਤਮਕ) ਸੁਖ ਪੈਦਾ ਹੋ ਗਿਆ (ਮੇਰੇ ਅੰਦਰੋਂ ਹਉਮੈ ਦੀ) ਸਾਰੀ ਪੀੜਾ ਨਿਕਲ ਗਈ, ਮੇਰੇ ਸਾਰੇ ਦੁਖ-ਦਰਦ ਦੂਰ ਹੋ ਗਏ ॥੨॥
4064	101	ਜਿਸ ਕਾ ਅੰਗੁ ਕਰੇ ਮੇਰਾ ਪਿਆਰਾ॥		Jis Kaa Ang Karae Maeraa Piaaraa ||	One who has my Beloved on his side,	(ਹੇ ਭਾਈ!) ਮੇਰਾ ਪਿਆਰਾ (ਗੁਰੂ ਪਰਮਾਤਮਾ) ਜਿਸ ਮਨੁੱਖ ਦੀ ਸਹੈਤਾ ਕਰਦਾ ਹੈ,
4065	101	ਸੋ ਮੁਕਤਾ ਸਾਗਰ ਸੰਸਾਰਾ॥		So Mukathaa Saagar Sansaaraa ||	Is liberated from the world-ocean.	ਉਹ ਇਸ ਸੰਸਾਰ-ਸਮੁੰਦਰ (ਦੇ ਵਿਕਾਰਾਂ) ਤੋਂ ਮੁਕਤ ਹੋ ਜਾਂਦਾ ਹੈ।
4066	101	ਸਤਿ ਕਰੇ ਜਿਨਿ ਗੁਰੂ ਪਛਾਤਾ ਸੋ ਕਾਹੇ ਕਉ ਡਰਦਾ ਜੀਉ॥੩॥		Sath Karae Jin Guroo Pashhaathaa So Kaahae Ko Ddaradhaa Jeeo ||3||	One who recognizes the Guru practices Truth; why should he be afraid? ||3||	ਜਿਸ ਮਨੁੱਖ ਨੇ ਸਰਧਾ ਧਾਰ ਕੇ ਗੁਰੂ ਨਾਲ ਸਾਂਝ ਪਾ ਲਈ, ਉਸ ਨੂੰ (ਇਸ ਸੰਸਾਰ-ਸਮੁੰਦਰ ਤੋਂ) ਡਰਨ ਦੀ ਲੋੜ ਹੀ ਨਹੀਂ ਰਹਿ ਜਾਂਦੀ ॥੩॥
4067	101	ਜਬ ਤੇ ਸਾਧੂਸੰਗਤਿ ਪਾਏ॥		Jab Thae Saadhhoo Sangath Paaeae ||	Since I found the Company of the Holy and met the Guru,	(ਹੇ ਭਾਈ!) ਜਦੋਂ ਤੋਂ ਮੈਨੂੰ ਗੁਰੂ ਦੀ ਸੰਗਤਿ ਮਿਲੀ ਹੈ।
4068	101	ਗੁਰ ਭੇਟਤ ਹਉ ਗਈ ਬਲਾਏ॥		Gur Bhaettath Ho Gee Balaaeae ||	The demon of pride has departed.	ਗੁਰੂ ਨੂੰ ਮਿਲਿਆਂ (ਮੇਰੇ ਅੰਦਰੋਂ) ਹਉਮੈ ਦੀ ਬਲਾ ਦੂਰ ਹੋ ਗਈ।

4069	101	ਸਾਸਿ ਸਾਸਿ ਹਰਿ ਗਾਵੈ ਨਾਨਕੁ ਸਤਿਗੁਰ ਢਾਕਿ ਲੀਆ ਮੇਰਾ ਪੜਦਾ ਜੀਉ॥੪॥੧੭॥੨੪॥	ਪੜਦਾ: ੜ ਹਲੰਤ ਨ ਲਾਓ	Saas Saas Har Gaavai Naanak Sathigur Dtaak Leeaa Maeraa Parradhaa Jeeo ||4||17||24||	With each and every breath, Nanak sings the Lord's Praises. The True Guru has covered my sins. ||4||17||24||	ਸਤਿਗੁਰੂ ਨੇ (ਹਉਮੈ ਆਦਿਕ ਵਿਕਾਰਾਂ ਤੋਂ ਬਚਾ ਕੇ) ਮੇਰੀ ਇੱਜ਼ਤ ਰੱਖ ਲਈ ਹੈ। ਹੁਣ ਨਾਨਕ ਹਰੇਕ ਸੁਆਸ ਦੇ ਨਾਲ ਪਰਮਾਤਮਾ ਦੇ ਗੁਣ ਗਾਂਦਾ ਹੈ ॥੪॥੧੭॥੨੪॥
4070	101	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4071	101	ਓਤਿ ਪੋਤਿ ਸੇਵਕ ਸੰਗਿ ਰਾਤਾ॥		Outh Poth Saevak Sang Raathaa ||	Through and through, the Lord is intermingled with His servant.	(ਜਿਵੇਂ ਕੱਪੜੇ ਦਾ ਸੂਤਰ) ਤਾਣੇ ਵਿਚ ਪੇਟੇ ਵਿਚ (ਮਿਲਿਆ ਹੋਇਆ ਹੁੰਦਾ ਹੈ ਤਿਵੇਂ ਪਰਮਾਤਮਾ ਆਪਣੇ) ਸੇਵਕ ਦੇ ਨਾਲ ਮਿਲਿਆ ਰਹਿੰਦਾ ਹੈ।
4072	101	ਪ੍ਰਭ ਪ੍ਰਤਿਪਾਲੇ ਸੇਵਕ ਸੁਖਦਾਤਾ॥		Prabh Prathipaalae Saevak Sukhadhaathaa ||	God, the Giver of Peace, cherishes His servant.	(ਜੀਵਾਂ ਨੂੰ) ਸੁਖ ਦੇਣ ਵਾਲਾ ਪ੍ਰਭੂ ਆਪਣੇ ਸੇਵਕਾਂ ਦੀ ਰੱਖਿਆ ਕਰਦਾ ਹੈ।
4073	101	ਪਾਣੀ ਪਖਾ ਪੀਸਉ ਸੇਵਕ ਕੈ ਠਾਕੁਰ ਹੀ ਕਾ ਆਹਰੁ ਜੀਉ॥੧॥		Paanee Pakhaa Peeso Saevak Kai Thaakur Hee Kaa Aahar Jeeo ||1||	I carry the water, wave the fan, and grind the grain for the servant of my Lord and Master. ||1||	(ਮੇਰੀ ਤਾਂਘ ਹੈ ਕਿ) ਮੈਂ ਪ੍ਰਭੂ ਦੇ ਸੇਵਕਾਂ ਦੇ ਦਰ ਤੇ ਪਾਣੀ ਢੋਵਾਂ ਪੱਖਾਂ ਫੇਰਾਂ ਤੇ ਚੱਕੀ ਪੀਹਾਂ (ਕਿਉਂਕਿ ਸੇਵਕਾਂ ਨੂੰ) ਪਾਲਣਹਾਰ ਪ੍ਰਭੂ (ਦੇ ਸਿਮਰਨ) ਦਾ ਹੀ ਉੱਦਮ ਰਹਿੰਦਾ ਹੈ ॥੧॥

4074	101	ਕਾਟਿ ਸਿਲਕ ਪ੍ਰਭਿ ਸੇਵਾ ਲਾਇਆ॥	(ਸਿਲਕ) ਫਾਹੀ	Kaatt Silak Prabh Saevaa Laaeiaa ||	God has cut the noose from around my neck; He has placed me in His Service.	ਪ੍ਰਭੂ ਨੇ (ਜਿਸ ਨੂੰ ਉਸ ਦੀ ਮਾਇਆ ਦੇ ਮੋਹ ਦੀ) ਫਾਹੀ ਕੱਟ ਕੇ ਆਪਣੀ ਸੇਵਾ-ਭਗਤੀ ਵਿਚ ਜੋੜਿਆ ਹੈ,
4075	101	ਹੁਕਮੁ ਸਾਹਿਬ ਕਾ ਸੇਵਕ ਮਨਿ ਭਾਇਆ॥		Hukam Saahib Kaa Saevak Man Bhaaeiaa ||	The Lord and Master's Command is pleasing to the mind of His servant.	ਉਸ ਸੇਵਕ ਦੇ ਮਨ ਵਿਚ ਮਾਲਕ ਪ੍ਰਭੂ ਦਾ ਹੁਕਮ ਪਿਆਰਾ ਲੱਗਣ ਲੱਗ ਪੈਂਦਾ ਹੈ।
4076	101	ਸੋਈ ਕਮਾਵੈ ਜੋ ਸਾਹਿਬ ਭਾਵੈ ਸੇਵਕੁ ਅੰਤਰਿ ਬਾਹਰਿ ਮਾਹਰੁ ਜੀਉ॥੨॥		Soee Kamaavai Jo Saahib Bhaavai Saevak Anthar Baahar Maahar Jeeo ||2||	He does that which pleases his Lord and Master. Inwardly and outwardly, the servant knows his Lord. ||2||	ਉਹ ਸੇਵਕ ਉਹੀ ਕਮਾਈ ਕਰਦਾ ਹੈ, ਜੋ ਮਾਲਕ ਪ੍ਰਭੂ ਨੂੰ ਚੰਗੀ ਲੱਗਦੀ ਹੈ, ਉਹ ਸੇਵਕ ਨਾਮ ਸਿਮਰਨ ਵਿਚ ਅਤੇ ਜਗਤ ਨਾਲ ਪ੍ਰੇਮ ਦੀ ਵਰਤੋਂ ਕਰਨ ਵਿਚ ਸਿਆਣਾ ਹੋ ਜਾਂਦਾ ਹੈ ॥੨॥
4077	101	ਤੂੰ ਦਾਨਾ ਠਾਕੁਰੁ ਸਭ ਬਿਧਿ ਜਾਨਹਿ॥	ਬਿਧਿ: ਪੋਲਾ ਬੋਲੋ	Thoon Dhaanaa Thaakur Sabh Bidhh Jaanehi ||	You are the All-knowing Lord and Master; You know all ways and means.	ਹੇ ਪ੍ਰਭੂ! ਤੂੰ (ਆਪਣੇ ਸੇਵਕਾਂ ਦੇ ਦਿਲ ਦੀ) ਜਾਣਦਾ ਹੈਂ, ਤੂੰ (ਆਪਣੇ ਸੇਵਕਾਂ ਦਾ) ਪਾਲਣਹਾਰ ਹੈਂ, ਤੂੰ (ਸੇਵਕਾਂ ਨੂੰ ਮਾਇਆ ਦੇ ਮੋਹ ਤੋਂ ਬਚਾਣ ਦੇ) ਸਭ ਤਰੀਕੇ ਜਾਣਦਾ ਹੈਂ।
4078	102	ਠਾਕੁਰ ਕੇ ਸੇਵਕ ਹਰਿ ਰੰਗ ਮਾਣਹਿ॥		Thaakur Kae Saevak Har Rang Maanehi ||	The servant of the Lord and Master enjoys the Love and Affection of the Lord.	(ਹੇ ਭਾਈ)! ਪਾਲਣਹਾਰ ਪ੍ਰਭੂ ਦੇ ਸੇਵਕ ਪ੍ਰਭੂ ਦੇ ਮਿਲਾਪ ਦੇ ਆਤਮਕ ਅਨੰਦ ਮਾਣਦੇ ਹਨ।

4079	102	ਜੋ ਕਿਛੁ ਠਾਕੁਰ ਕਾ ਸੋ ਸੇਵਕ ਕਾ ਸੇਵਕੁ ਠਾਕੁਰ ਹੀ ਸੰਗਿ ਜਾਹਰੁ ਜੀਉ॥੩॥	(ਜਾਹਰੁ) ਪ੍ਰਗਟ	Jo Kishh Thaakur Kaa So Saevak Kaa Saevak Thaakur Hee Sang Jaahar Jeeo ||3||	That which belongs to the Lord and Master, belongs to His servant. The servant becomes distinguished in association with his Lord and Master. ||3||	ਪਾਲਣਹਾਰ ਪ੍ਰਭੂ ਦਾ ਆਪਾ ਉਸ ਦੇ ਸੇਵਕ ਦਾ ਆਪਾ ਬਣ ਜਾਂਦਾ ਹੈ (ਠਾਕੁਰ ਤੇ ਸੇਵਕ ਦੇ ਆਤਮਕ ਜੀਵਨ ਵਿਚ ਕੋਈ ਫ਼ਰਕ ਨਹੀਂ ਰਹਿ ਜਾਂਦਾ)। ਠਾਕੁਰ ਦੇ ਚਰਨਾਂ ਵਿਚ ਜੁੜਿਆ ਰਹਿ ਕੇ ਸੇਵਕ (ਲੋਕ ਪਰਲੋਕ ਵਿਚ) ਪਰਗਟ ਹੋ ਜਾਂਦਾ ਹੈ ॥੩॥
4080	102	ਅਪੁਨੈ ਠਾਕੁਰਿ ਜੋ ਪਹਿਰਾਇਆ॥	(ਪਹਿਰਾਇਆ) ਸਿਰੋਪਾਉ ਬਖ਼ਸ਼ਿਆ	Apunai Thaakur Jo Pehiraaeiaa ||	He, whom the Lord and Master dresses in the robes of honor,	ਜਿਸ (ਸੇਵਕ) ਨੂੰ ਪਿਆਰੇ ਠਾਕੁਰ-ਪ੍ਰਭੂ ਨੇ (ਸੇਵਾ ਭਗਤੀ ਦਾ) ਸਿਰੋਪਾ ਬਖ਼ਸ਼ਿਆ ਹੈ,
4081	102	ਬਹੁਰਿ ਨ ਲੇਖਾ ਪੁਛਿ ਬੁਲਾਇਆ॥		Bahur N Laekhaa Pushh Bulaaeiaa ||	Is not called to answer for his account any longer.	ਉਸ ਨੂੰ ਮੁੜ (ਉਸ ਦੇ ਕਰਮਾਂ ਦਾ) ਲੇਖਾ ਨਹੀਂ ਪੁੱਛਿਆ (ਲੇਖਾ ਪੁੱਛਣ ਵਾਸਤੇ) ਨਹੀਂ ਸੱਦਿਆ (ਭਾਵ, ਉਹ ਸੇਵਕ ਮੰਦੇ ਕਰਮਾਂ ਵਲ ਪੈਂਦਾ ਹੀ ਨਹੀਂ)।
4082	102	ਤਿਸੁ ਸੇਵਕ ਕੈ ਨਾਨਕ ਕੁਰਬਾਣੀ ਸੋ ਗਹਿਰ ਗਭੀਰਾ ਗਉਹਰੁ ਜੀਉ॥੪॥੧੮॥੨੫॥		This Saevak Kai Naanak Kurabaanee So Gehir Gabheeraa Gouhar Jeeo ||4||18||25||	Nanak is a sacrifice to that servant. He is the pearl of the deep and unfathomable Ocean of God. ||4||18||25||	ਹੇ ਨਾਨਕ! (ਆਖ-) ਮੈਂ ਉਸ ਸੇਵਕ ਤੋਂ ਸਦਕੇ ਜਾਂਦਾ ਹਾਂ। ਉਹ ਸੇਵਕ ਡੂੰਘੇ ਸੁਭਾਉ ਵਾਲਾ ਵੱਡੇ ਜਿਗਰੇ ਵਾਲਾ ਤੇ ਉੱਚੇ ਅਮੋਲਕ ਜੀਵਨ ਵਾਲਾ ਹੋ ਜਾਂਦਾ ਹੈ ॥੪॥੧੮॥੨੫॥
4083	102	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	

4084	102	ਸਭ ਕਿਛੁ ਘਰ ਮਹਿ ਬਾਹਰਿ ਨਾਹੀ॥		Sabh Kishh Ghar Mehi Baahar Naahee ||	Everything is within the home of the self; there is nothing beyond.	ਸਾਰਾ ਆਤਮਕ ਸੁਖ ਹਿਰਦੇ ਵਿਚ ਟਿਕੇ ਰਹਿਣ ਵਿਚ ਹੈ, ਬਾਹਰ ਭਟਕਣ ਵਿਚ ਨਹੀਂ ਮਿਲਦਾ।
4085	102	ਬਾਹਰਿ ਟੋਲੈ ਸੋ ਭਰਮਿ ਭੁਲਾਹੀ॥		Baahar Ttolai So Bharam Bhulaahee ||	One who searches outside is deluded by doubt.	ਜੇਹੜਾ ਮਨੁੱਖ ਬਾਹਰ ਸੁੱਖ ਦੀ ਭਾਲ ਕਰਦਾ ਹੈ (ਉਹ ਸੁਖ ਨਹੀਂ ਲੱਭ ਸਕਦਾ) ਅਜੇਹੇ ਬੰਦੇ ਤਾਂ ਭਟਕਣਾ ਵਿਚ ਪੈ ਕੇ ਕੁਰਾਹੇ ਪਏ ਰਹਿੰਦੇ ਹਨ
4086	102	ਗੁਰ ਪਰਸਾਦੀ ਜਿਨੀ ਅੰਤਰਿ ਪਾਇਆ ਸੋ ਅੰਤਰਿ ਬਾਹਰਿ ਸੁਹੇਲਾ ਜੀਉ॥੧॥	(ਸੁਹੇਲਾ) ਸੁਖੀ	Gur Parasaadhee Jinee Anthar Paaeiaa So Anthar Baahar Suhaelaa Jeeo ||1||	By Guru's Grace, one who has found the Lord within is happy, inwardly and outwardly. ||1||	ਗੁਰੂ ਦੀ ਕਿਰਪਾ ਨਾਲ ਜਿਨ੍ਹਾਂ ਮਨੁੱਖਾਂ ਨੇ ਆਪਣੇ ਹਿਰਦੇ ਵਿਚ ਹੀ ਟਿਕ ਕੇ ਪਰਮਾਤਮਾ ਨੂੰ ਲੱਭ ਲਿਆ ਹੈ, ਉਹ ਅੰਤਰ ਆਤਮੇ ਸਿਮਰਨ ਕਰਦੇ ਹੋਏ ਭੀ ਤੇ ਜਗਤ ਨਾਲ ਪ੍ਰੇਮ ਦੀ ਵਰਤੋਂ ਕਰਦੇ ਹੋਏ ਭੀ ਸਦਾ ਸੁਖੀ ਰਹਿੰਦੇ ਹਨ ॥੧॥
4087	102	ਝਿਮਿ ਝਿਮਿ ਵਰਸੈ ਅੰਮ੍ਰਿਤਧਾਰਾ॥		Jhim Jhim Varasai Anmrith Dhhaaraa ||	Slowly, gently, drop by drop, the stream of nectar trickles down within.	(ਜਿਵੇਂ ਮਠੀ ਮਠੀ ਵਰਖਾ ਹੁੰਦੀ ਹੈ ਤੇ ਉਹ ਧਰਤੀ ਵਿਚ ਸਿੰਜਰਦੀ ਜਾਂਦੀ ਹੈ ਤਿਵੇਂ ਜਦੋਂ) ਆਤਮਕ ਅਡੋਲਤਾ ਦੀ ਹਾਲਤ ਵਿਚ ਨਾਮ-ਅੰਮ੍ਰਿਤ ਦੀ ਧਾਰ ਸਹਜੇ ਸਹਜੇ ਵਰ੍ਹਦੀ ਹੈ,

4088	102	ਮਨੁ ਪੀਵੈ ਸੁਨਿ ਸਬਦੁ ਬੀਚਾਰਾ॥		Man Peevai Sun Sabadh Beechaaraa ||	The mind drinks it in, hearing and reflecting on the Word of the Shabad.	ਤਦੋਂ ਮਨੁੱਖ ਦਾ ਮਨ ਗੁਰੂ ਦਾ ਸ਼ਬਦ ਸੁਣ ਕੇ (ਪ੍ਰਭੂ ਦੇ ਗੁਣਾਂ ਦੀ) ਵਿਚਾਰ ਸੁਣ ਕੇ ਉਸ ਅੰਮ੍ਰਿਤ ਧਾਰ ਨੂੰ ਪੀਂਦਾ ਜਾਂਦਾ ਹੈ (ਆਪਣੇ ਅੰਦਰ ਟਿਕਾਈ ਜਾਂਦਾ ਹੈ)
4089	102	ਅਨਦ ਬਿਨੋਦ ਕਰੇ ਦਿਨ ਰਾਤੀ ਸਦਾ ਸਦਾ ਹਰਿ ਕੇਲਾ ਜੀਉ॥੨॥	ਅਨ-ਦ: ਪੋਲਾ ਬੋਲੋ। (ਕੇੱਲਾ) ਅਨੰਦ ਖੁਸ਼ੀਆਂ	Anadh Binodh Karae Dhin Raathee Sadhaa Sadhaa Har Kaelaa Jeeo ||2||	It enjoys bliss and ecstasy day and night, and plays with the Lord forever and ever. ||2||	(ਉਸ ਅਵਸਥਾ ਵਿਚ ਮਨ) ਹਰ ਵੇਲੇ ਆਤਮਕ ਆਨੰਦ ਮਾਣਦਾ ਹੈ, ਸਦਾ ਪਰਮਾਤਮਾ ਦੇ ਮਿਲਾਪ ਦਾ ਸੁਖ ਲੈਂਦਾ ਹੈ ॥੨॥
4090	102	ਜਨਮ ਜਨਮ ਕਾ ਵਿਛੁੜਿਆ ਮਿਲਿਆ॥		Janam Janam Kaa Vishhurriaa Miliaa ||	I have now been united with the Lord after having been separated and cut off from Him for so many lifetimes;	(ਸਿਫ਼ਤ-ਸਾਲਾਹ ਦੀ ਬਰਕਤਿ ਨਾਲ) ਜਨਮਾਂ ਜਨਮਾਂਤਰਾਂ ਦਾ ਵਿੱਛੁੜਿਆ ਹੋਇਆ ਜੀਵ ਪ੍ਰਭੂ ਚਰਨਾਂ ਨਾਲ ਮਿਲਾਪ ਹਾਸਲ ਕਰ ਲੈਂਦਾ ਹੈ।
4091	102	ਸਾਧ ਕ੍ਰਿਪਾ ਤੇ ਸੂਕਾ ਹਰਿਆ॥		Saadhh Kirapaa Thae Sookaa Hariaa ||	By the Grace of the Holy Saint, the dried-up branches have blossomed forth again in their greenery.	ਮਨੁੱਖ ਦਾ ਰੁੱਖਾ ਹੋ ਚੁੱਕਾ ਮਨ ਗੁਰੂ ਦੀ ਕਿਰਪਾ ਨਾਲ ਪਿਆਰ ਰਸ ਨਾਲ ਤਰ ਹੋ ਜਾਂਦਾ ਹੈ।

4092	102	ਸੁਮਤਿ ਪਾਏ ਨਾਮੁ ਧਿਆਏ ਗੁਰਮੁਖਿ ਹੋਏ ਮੇਲਾ ਜੀਉ॥੩॥	ਸੁ-ਮੱਤਿ, ਮੇੱਲਾ	Sumath Paaeae Naam Dhhiaaeae Guramukh Hoeae Maelaa Jeeo ||3||	I have obtained this sublime understanding, and I meditate on the Naam; as Gurmukh, I have met the Lord. ||3||	ਗੁਰੂ ਪਾਸੋਂ ਜਦੋਂ ਮਨੁੱਖ ਸ੍ਰੇਸ਼ਟ ਮਤਿ ਲੈਂਦਾ ਹੈ, ਤਾਂ ਪਰਮਾਤਮਾ ਦਾ ਨਾਮ ਸਿਮਰਦਾ ਹੈ। ਗੁਰੂ ਦੀ ਸਰਨ ਪਿਆਂ ਜੀਵ ਦਾ ਪਰਮਾਤਮਾ ਨਾਲ ਮਿਲਾਪ ਹੋ ਜਾਂਦਾ ਹੈ ॥੩॥
4093	102	ਜਲ ਤਰੰਗੁ ਜਿਉ ਜਲਹਿ ਸਮਾਇਆ॥		Jal Tharang Jio Jalehi Samaaeiaa ||	As the waves of water merge again with the water,	ਜਿਵੇਂ (ਨਦੀ ਆਦਿਕ ਦੇ) ਪਾਣੀ ਦੀ ਲਹਿਰ (ਉਸ ਨਦੀ ਵਿਚੋਂ ਉੱਭਰ ਕੇ ਮੁੜ ਉਸ) ਪਾਣੀ ਵਿਚ ਹੀ ਰਲ ਜਾਂਦੀ ਹੈ,
4094	102	ਤਿਉ ਜੋਤੀ ਸੰਗਿ ਜੋਤਿ ਮਿਲਾਇਆ॥		Thio Jothee Sang Joth Milaaeiaa ||	So does my light merge again into the Light.	ਤਿਵੇਂ (ਗੁਰੂ ਦੀ ਸਰਨ ਪੈ ਕੇ ਸਿਮਰਨ ਕਰਨ ਨਾਲ ਮਨੁੱਖ ਦੀ) ਸੁਰਤ (ਜੋਤਿ) ਪ੍ਰਭੂ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ।
4095	102	ਕਹੁ ਨਾਨਕ ਭ੍ਰਮ ਕਟੇ ਕਿਵਾੜਾ ਬਹੁੜਿ ਨ ਹੋਈਐ ਜਉਲਾ ਜੀਉ॥੪॥੧੯॥੨੬॥	(ਜਉੱਲਾ) ਜੁਦਾ ਵੱਖਰਾ	Kahu Naanak Bhram Kattae Kivaarraa Bahurr N Hoeeai Joulaa Jeeo ||4||19||26||	Says Nanak, the veil of illusion has been cut away, and I shall not go out wandering any more. ||4||19||26||	ਨਾਨਕ ਆਖਦਾ ਹੈ- (ਗੁਰੂ ਦੇ ਸਨਮੁਖ ਹੋ ਕੇ ਸਿਮਰਨ ਕੀਤਿਆਂ ਮਨੁੱਖ ਦੇ) ਭਟਕਣਾ ਰੂਪ ਤਖ਼ਤੇ (ਜਿਨ੍ਹਾਂ ਦੀ ਕੈਦ ਵਿਚ ਇਹ ਬੰਦ ਪਿਆ ਰਹਿੰਦਾ ਹੈ) ਖੁਲ੍ਹ ਜਾਂਦੇ ਹਨ, ਤੇ ਮੁੜ ਮਨੁੱਖ ਮਾਇਆ ਦੇ ਪਿੱਛੇ ਦੌੜ ਭੱਜ ਕਰਨ ਵਾਲੇ ਸੁਭਾਵ ਦਾ ਨਹੀਂ ਰਹਿੰਦਾ ॥੪॥੧੯॥੨੬॥
4096	102	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	

4097	102	ਤਿਸੁ ਕੁਰਬਾਣੀ ਜਿਨਿ ਤੂੰ ਸੁਣਿਆ॥		This Kurabaanee Jin Thoon Suniaa ||	I am a sacrifice to those who have heard of You.	(ਹੇ ਪ੍ਰਭੂ!) ਜਿਸ ਮਨੁੱਖ ਨੇ ਤੇਰਾ ਨਾਮ ਸੁਣਿਆ ਹੈ (ਜੋ ਸਦਾ ਤੇਰੀ ਸਿਫ਼ਤ-ਸਾਲਾਹ ਸੁਣਦਾ ਹੈ), ਮੈਂ ਉਸ ਤੋਂ ਸਦਕੇ ਜਾਂਦਾ ਹਾਂ।
4098	102	ਤਿਸੁ ਬਲਿਹਾਰੀ ਜਿਨਿ ਰਸਨਾ ਭਣਿਆ॥		This Balihaaree Jin Rasanaa Bhaniaa ||	I am a sacrifice to those whose tongues speak of You.	ਜਿਸ ਮਨੁੱਖ ਨੇ ਆਪਣੀ ਜੀਭ ਨਾਲ ਤੇਰਾ ਨਾਮ ਉਚਾਰਿਆ ਹੈ (ਜੋ ਤੇਰੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹੈ), ਉਸ ਤੋਂ ਮੈਂ ਵਾਰਨੇ ਜਾਂਦਾ ਹਾਂ।
4099	102	ਵਾਰਿ ਵਾਰਿ ਜਾਈ ਤਿਸੁ ਵਿਟਹੁ ਜੋ ਮਨਿ ਤਨਿ ਤੁਧੁ ਆਰਾਧੇ ਜੀਉ॥੧॥		Vaar Vaar Jaaee This Vittahu Jo Man Than Thudhh Aaraadhhae Jeeo ||1||	Again and again, I am a sacrifice to those who meditate on You with mind and body. ||1||	(ਹੇ ਪ੍ਰਭੂ!) ਮੈਂ ਉਸ ਮਨੁੱਖ ਤੋਂ (ਮੁੜ ਮੁੜ) ਕੁਰਬਾਨ ਜਾਂਦਾ ਹਾਂ, ਜੋ ਆਪਣੇ ਮਨ ਨਾਲ ਆਪਣੇ ਸਰੀਰ ਨਾਲ ਤੈਨੂੰ ਯਾਦ ਕਰਦਾ ਰਹਿੰਦਾ ਹੈ ॥੧॥
4100	102	ਤਿਸੁ ਚਰਣ ਪਖਾਲੀ ਜੋ ਤੇਰੈ ਮਾਰਗਿ ਚਾਲੈ॥	(ਪਖ਼ੱਾਲੀ) ਧੋਵਾਂ	This Charan Pakhaalee Jo Thaerai Maarag Chaalai ||	I wash the feet of those who walk upon Your Path.	(ਹੇ ਪ੍ਰਭੂ!) ਜੇਹੜਾ ਮਨੁੱਖ ਤੇਰੇ (ਮਿਲਾਪ ਦੇ) ਰਾਹ ਤੇ ਤੁਰਦਾ ਹੈ, ਮੈਂ ਉਸ ਦੇ ਪੈਰ ਧੋਂਦਾ ਰਹਾਂ।
4101	102	ਨੈਨ ਨਿਹਾਲੀ ਤਿਸੁ ਪੁਰਖ ਦਇਆਲੈ॥	(ਨਿਹ਼ੱਾਲੀ) ਦੇਖਾਂ	Nain Nihaalee This Purakh Dhaeiaalai ||	With my eyes, I long to behold those kind people.	(ਹੇ ਭਾਈ!) ਦਇਆ ਦੇ ਸੋਮੇ ਉਸ ਅਕਾਲ ਪੁਰਖ ਨੂੰ ਮੈਂ ਆਪਣੀਆਂ ਅੱਖਾਂ ਨਾਲ ਵੇਖਣਾ ਚਹੁੰਦਾ ਹਾਂ।

4102	102	ਮਨੁ ਦੇਵਾ ਤਿਸੁ ਅਪੁਨੇ ਸਾਜਨ ਜਿਨਿ ਗੁਰ ਮਿਲਿ ਸੋ ਪ੍ਰਭੁ ਲਾਧੇ ਜੀਉ॥੨॥	ਦੇਵਾਂ। ਸੱਜਨ। ਲੱਧੇ	Man Dhaevaa This Apunae Saajan Jin Gur Mil So Prabh Laadhhae Jeeo ||2||	I offer my mind to those friends, who have met the Guru and found God. ||2||	(ਇਸ ਵਾਸਤੇ) ਮੈਂ ਆਪਣਾ ਮਨ ਆਪਣੇ ਉਸ ਸੱਜਣ ਦੇ ਹਵਾਲੇ ਕਰਨ ਨੂੰ ਤਿਆਰ ਹਾਂ ਜਿਸ ਨੇ ਗੁਰੂ ਨੂੰ ਮਿਲ ਕੇ ਉਸ ਪ੍ਰਭੂ ਨੂੰ ਲੱਭ ਲਿਆ ਹੈ ॥੨॥
4103	102	ਸੇ ਵਡਭਾਗੀ ਜਿਨਿ ਤੁਮ ਜਾਣੇ॥		Sae Vaddabhaagee Jin Thum Jaanae ||	Very fortunate are those who know You.	(ਹੇ ਪ੍ਰਭੂ!) ਜਿਸ ਜਿਸ ਮਨੁੱਖ ਨੇ ਤੇਰੇ ਨਾਲ ਸਾਂਝ ਪਾ ਲਈ ਹੈ, ਉਹ (ਸਭ) ਭਾਗਾਂ ਵਾਲੇ ਹਨ।
4104	102	ਸਭ ਕੈ ਮਧੇ ਅਲਿਪਤ ਨਿਰਬਾਣੇ॥	(ਮਧੇ) ਅੰਦਰ। (ਅ-ਲਿਪਤ) ਨਿਰਲੇਪ	Sabh Kai Madhhae Alipath Nirabaanae ||	In the midst of all, they remain detached and balanced in Nirvaanaa.	(ਹੇ ਭਾਈ!) ਪਰਮਾਤਮਾ ਸਭ ਜੀਵਾਂ ਦੇ ਅੰਦਰ ਵੱਸਦਾ ਹੈ (ਫਿਰ ਭੀ ਉਹ) ਨਿਰਲੇਪ ਹੈ ਤੇ ਵਾਸਨਾ-ਰਹਿਤ ਹੈ।
4105	102	ਸਾਧ ਕੈ ਸੰਗਿ ਉਨਿ ਭਉਜਲੁ ਤਰਿਆ ਸਗਲ ਦੂਤ ਉਨਿ ਸਾਧੇ ਜੀਉ॥੩॥	(ਭਉਜਲੁ) ਸੰਸਾਰ ਸਮੁੰਦ੍ਰ। (ਸੱਧੇ) ਵੱਸ ਕੀਤੇ	Saadhh Kai Sang Oun Bhoujal Thariaa Sagal Dhooth Oun Saadhhae Jeeo ||3||	In the Saadh Sangat, the Company of the Holy, they cross over the terrifying world-ocean, and conquer all their evil passions. ||3||	(ਜਿਸ ਮਨੁੱਖ ਨੇ ਉਸ ਨਾਲ ਸਾਂਝ ਪਾਈ ਹੈ) ਸਾਧ ਸੰਗਤਿ ਵਿਚ ਰਹਿ ਕੇ ਉਸ ਨੇ ਸੰਸਾਰ-ਸਮੁੰਦਰ ਤਰ ਲਿਆ ਹੈ, ਉਸ ਨੇ (ਕਾਮਾਦਿਕ) ਸਾਰੇ ਵਿਕਾਰ ਆਪਣੇ ਵੱਸ ਵਿਚ ਕਰ ਲਏ ਹਨ ॥੩॥
4106	102	ਤਿਨ ਕੀ ਸਰਣਿ ਪਰਿਆ ਮਨੁ ਮੇਰਾ॥		Thin Kee Saran Pariaa Man Maeraa ||	My mind has entered their Sanctuary.	(ਹੇ ਭਾਈ!) ਮੇਰਾ ਮਨ ਉਹਨਾਂ ਦੀ ਸਰਨ ਪੈਂਦਾ ਹੈ,

4107	102	ਮਾਣੁ ਤਾਣੁ ਤਜਿ ਮੋਹੁ ਅੰਧੇਰਾ॥	(ਤਜਿ) ਤਿਆਗ। ਤਜਿ ਦੇਲ਼ੀ ਦੀਵਾ ਹੈ, ਤੁਕ ਦੇ ਅਰਥ ਕਰਨ ਸਮੇਂ, ਤਜਿ ਨੂੰ ਪਿਛਲੇ ਅਤੇ ਅਗਲੇ ਅੱਖਰਾਂ ਨਾਲ ਲਾਓ: ਮਾਣੁ ਤਾਣੁ ਤਜਿ, ਤਜਿ ਮੋਹੁ ਅੰਧੇਰਾ	Maan Thaan Thaj Mohu Andhhaeraa ||	I have renounced my pride in my own strength, and the darkness of emotional attachment.	(ਜਿਨ੍ਹਾਂ ਨੇ ਦੁਨੀਆ ਵਾਲਾ) ਮਾਣ ਛੱਡ ਕੇ (ਦੁਨੀਆ ਵਾਲਾ) ਤਾਣ ਛੱਡ ਕੇ (ਜੀਵਨ-ਰਾਹ ਵਿਚ) ਹਨੇਰਾ (ਪੈਦਾ ਕਰਨ ਵਾਲਾ ਮਾਇਆ ਦਾ) ਮੋਹ ਛੱਡ ਕੇ (ਸਾਰੇ ਦੂਤ ਵੱਸ ਕਰ ਲਏ ਹਨ।)
4108	102	ਨਾਮੁ ਦਾਨੁ ਦੀਜੈ ਨਾਨਕ ਕਉ ਤਿਸੁ ਪ੍ਰਭ ਅਗਮ ਅਗਾਧੇ ਜੀਉ॥੪॥੨੦॥੨੭॥	(ਅਗਾਧੇ) ਗੰਭੀਰ ਡੂੰਘੇ ਬੇਹਾਥ। ਅ-ਗਮ: ਪੋਲਾ ਬੋਲੋ	Naam Dhaan Dheejai Naanak Ko This Prabh Agam Agaadhhae Jeeo ||4||20||27||	Please bless Nanak with the Gift of the Naam, the Name of the Inaccessible and Unfathomable God. ||4||20||27||	(ਉਹਨਾਂ ਅੱਗੇ ਅਰਦਾਸ ਕਰਦਾ ਹੈ ਕਿ) ਮੈਨੂੰ ਨਾਨਕ ਨੂੰ (ਭੀ) ਉਸ ਅਪਹੁੰਚ ਅਥਾਹ ਪ੍ਰਭੂ ਦਾ ਨਾਮ ਦਾਨ (ਵਜੋਂ) ਦੇਹੋ ॥੪॥੨੦॥੨੭॥
4109	102	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4110	102	ਤੂੰ ਪੇਡੁ ਸਾਖ ਤੇਰੀ ਫੂਲੀ॥	ਧਰਮ ਰੂਪੀ ਪੇਡੁ, ਗੁਰਸਿੱਖੀ ਰੂਪੀ (ਸਾਖ) ਟਾਹਣੀਆਂ। (ਫੂਲੀ) ਪ੍ਰਫੁੱਲਤ	Thoon Paedd Saakh Thaeree Foolee ||	You are the tree; Your branches have blossomed forth.	ਹੇ ਪ੍ਰਭੂ! ਤੂੰ (ਮਾਨੋ, ਇਕ) ਰੁੱਖ ਹੈਂ (ਇਹ ਸੰਸਾਰ ਤੈਂ-ਰੁੱਖ ਤੋਂ) ਫੁੱਟੀਆਂ ਹੋਈਆਂ ਤੇਰੀਆਂ ਟਾਹਣੀਆਂ ਹਨ।
4111	102	ਤੂੰ ਸੂਖਮੁ ਹੋਆ ਅਸਥੂਲੀ॥	(ਸੂਖਮ) ਨਿਰਗੁਨ ਬ੍ਰਹਮ ਜੀ (ਅਸਥੂਲੀ) ਅਸੰਖ ਬ੍ਰਹਮੰਡ ਦੇ ਪਸਾਰੇ ਸਰਗੁਨ ਸਰੂਪ	Thoon Sookham Hoaa Asathhoolee ||	From the very small and subtle, You have become huge and manifest.	ਹੇ ਪ੍ਰਭੂ! ਤੂੰ ਅਦ੍ਰਿਸ਼ਟ ਹੈਂ (ਆਪਣੇ ਅਦ੍ਰਿਸ਼ਟ ਰੂਪ ਤੋਂ) ਦਿੱਸਦਾ ਜਗਤ ਬਣਿਆ ਹੈਂ।

4112	102	ਤੂੰ ਜਲਨਿਧਿ ਤੂੰ ਫੇਨੁ ਬੁਦਬੁਦਾ ਤੁਧੁ ਬਿਨੁ ਅਵਰੁ ਨ ਭਾਲੀਐ ਜੀਉ॥੧॥	(ਜਲਨਿਧਿ) ਸਮੁੰਦ੍ਰ। (ਫੇਨੁ) ਝੱਗ। (ਬੁਦ-ਬੁਦਾ) ਬੁਲਬੁਲਾ	Thoon Jalanidhh Thoon Faen Budhabudhaa Thudhh Bin Avar N Bhaaleeai Jeeo ||1||	You are the Ocean of Water, and You are the foam and the bubbles on its surface. I cannot see any other except You, Lord. ||1||	ਹੇ ਪ੍ਰਭੂ! ਤੂੰ (ਮਾਨੋ, ਇਕ) ਸਮੁੰਦਰ ਹੈਂ (ਇਹ ਸਾਰਾ ਜਗਤ ਪਸਾਰਾ, ਮਾਨੋ) ਝੱਗ ਤੇ ਬੁਲਬੁਲਾ (ਭੀ) ਤੂੰ ਆਪ ਹੀ ਹੈਂ। ਤੈਥੋਂ ਬਿਨਾ ਹੋਰ ਕੁਝ ਭੀ ਨਹੀਂ ਦਿਸਦਾ ॥੧॥
4113	102	ਤੂੰ ਸੂਤੁ ਮਣੀਏ ਭੀ ਤੂੰਹੈ॥	(ਸੂਤੁ) ਧਾਗਾ। (ਮਣੀਏ) ਮਣਕੇ	Thoon Sooth Maneeeae Bhee Thoonhai ||	You are the thread, and You are also the beads.	(ਇਹ ਸਾਰਾ ਜਗਤ-ਪਸਾਰਾ ਤੈਥੋਂ ਬਣਿਆ ਤੇਰਾ ਹੀ ਸਰੂਪ, ਮਾਨੋ, ਇਕ ਮਾਲਾ ਹੈ। ਉਸ ਮਾਲਾ ਦਾ) ਧਾਗਾ ਤੂੰ ਆਪ ਹੈਂ, ਮਣਕੇ ਭੀ ਤੂੰ ਹੈਂ,
4114	102	ਤੂੰ ਗੰਠੀ ਮੇਰੁ ਸਿਰਿ ਤੂੰਹੈ॥	(ਗੰਠੀ) ਗੰਢ। (ਮੇਰੁ) ਸ਼੍ਰੋਮਣੀ ਮਣਕਾ, ਮੇਰੂ	Thoon Ganthee Maer Sir Thoonhai ||	You are the knot, and You are the primary bead of the maalaa.	(ਮਣਕਿਆਂ ਉੱਤੇ) ਗੰਢ ਭੀ ਤੂੰ ਹੀ ਹੈਂ, (ਸਭ ਮਣਕਿਆਂ ਦੇ) ਸਿਰ ਉੱਤੇ ਮੇਰੂ-ਮਣਕਾ ਭੀ ਤੂੰ ਹੀ ਹੈਂ।
4115	102	ਆਦਿ ਮਧਿ ਅੰਤਿ ਪ੍ਰਭੁ ਸੋਈ ਅਵਰੁ ਨ ਕੋਇ ਦਿਖਾਲੀਐ ਜੀਉ॥੨॥	ਮਧਿ: ਪੋਲਾ ਬੋਲੋ	Aadh Madhh Anth Prabh Soee Avar N Koe Dhikhaaleeai Jeeo ||2||	In the beginning, in the middle and in the end, there is God. I cannot see any other except You, Lord. ||2||	(ਹੇ ਭਾਈ!) (ਜਗਤ-ਰਚਨਾ ਦੇ) ਸ਼ੁਰੂ ਵਿਚ ਮੱਧ ਵਿਚ ਤੇ ਅੰਤ ਵਿਚ ਪ੍ਰਭੂ ਆਪ ਹੀ ਆਪ ਹੈ। ਉਸ ਤੋਂ ਬਿਨਾ ਹੋਰ ਕੋਈ ਨਹੀਂ ਦਿੱਸਦਾ ॥੨॥

4116	102	ਤੂੰ ਨਿਰਗੁਣੁ ਸਰਗੁਣੁ ਸੁਖਦਾਤਾ॥		Thoon Niragun Saragun Sukhadhaathaa ||	You transcend all qualities, and You possess the supreme qualities. You are the Giver of peace.	ਹੇ ਪ੍ਰਭੂ! ਤੂੰ (ਆਪਣੀ ਰਚੀ ਮਾਇਆ ਦੇ) ਤਿੰਨ ਗੁਣਾਂ ਤੋਂ ਪਰੇ ਹੈਂ, ਤਿੰਨਾਂ ਗੁਣਾਂ ਤੋਂ ਬਣਿਆ ਜਗਤ ਪਸਾਰਾ ਵੀ ਤੂੰ ਆਪ ਹੀ ਹੈਂ, ਸਭ ਜੀਵਾਂ ਨੂੰ ਸੁਖ ਦੇਣ ਵਾਲਾ ਭੀ ਤੂੰ ਹੀ ਹੈਂ।
4117	102	ਤੂੰ ਨਿਰਬਾਣੁ ਰਸੀਆ ਰੰਗਿ ਰਾਤਾ॥	(ਨਿਰਬਾਣੁ) ਬੰਧਨ ਰਹਿਤ (ਨਿਰ+ਬਾਣੁ) (ਬਾਣੁ) ਦੁੱਖ ਤੋਂ (ਨਿਰ) ਰਹਿਤ। (ਰਸੀਆ) ਬ੍ਰਹਮਾਨੰਦ ਰਸ ਭੋਗਣ ਵਾਲੇ	Thoon Nirabaan Raseeaa Rang Raathaa ||	You are detached in Nirvaanaa, and You are the Enjoyer, imbued with love.	ਤੂੰ ਵਾਸਨਾ ਰਹਿਤ ਹੈਂ (ਸਭ ਜੀਵਾਂ ਵਿਚ ਵਿਆਪਕ ਹੋ ਕੇ) ਰਸਾਂ ਦੇ ਭੋਗਣ ਵਾਲਾ ਭੀ ਹੈਂ ਤੇ ਰਸਾਂ ਦੇ ਪਿਆਰ ਵਿਚ ਮਸਤ ਭੀ ਹੈਂ।
4118	102	ਅਪਣੇ ਕਰਤਬ ਆਪੇ ਜਾਣਹਿ ਆਪੇ ਤੁਧੁ ਸਮਾਲੀਐ ਜੀਉ॥੩॥	ਕਰ-ਤਬ: ਪੋਲਾ ਬੋਲੋ	Apanae Karathab Aapae Jaanehi Aapae Thudhh Samaaleeai Jeeo ||3||	You Yourself know Your Own Ways; You dwell upon Yourself. ||3||	ਹੇ ਪ੍ਰਭੂ! ਇਹ ਆਪਣੇ ਖੇਡ-ਤਮਾਸ਼ੇ ਤੂੰ ਆਪ ਹੀ ਜਾਣਦਾ ਹੈਂ। ਤੂੰ ਆਪ ਹੀ ਸਾਰੀ ਸੰਭਾਲ ਭੀ ਕਰ ਰਿਹਾ ਹੈਂ ॥੩॥
4119	102	ਤੂੰ ਠਾਕੁਰੁ ਸੇਵਕੁ ਫੁਨਿ ਆਪੇ॥	(ਫੁਨਿ) ਫਿਰ	Thoon Thaakur Saevak Fun Aapae ||	You are the Master, and then again, You are the servant.	ਹੇ ਪ੍ਰਭੂ! ਮਾਲਕ ਭੀ ਤੂੰ ਹੈਂ ਤੇ ਸੇਵਕ ਭੀ ਤੂੰ ਆਪ ਹੀ ਹੈਂ।
4120	102	ਤੂੰ ਗੁਪਤੁ ਪਰਗਟੁ ਪ੍ਰਭ ਆਪੇ॥		Thoon Gupath Paragatt Prabh Aapae ||	O God, You Yourself are the Manifest and the Unmanifest.	ਹੇ ਪ੍ਰਭੂ! (ਸਾਰੇ ਸੰਸਾਰ ਵਿਚ) ਤੂੰ ਲੁਕਿਆ ਹੋਇਆ ਭੀ ਹੈਂ ਤੇ (ਸੰਸਾਰ-ਰੂਪ ਹੋ ਕੇ) ਤੂੰ ਪ੍ਰਤੱਖ ਭੀ ਦਿੱਸ ਰਿਹਾ ਹੈਂ।

4121	102	ਨਾਨਕ ਦਾਸੁ ਸਦਾ ਗੁਣ ਗਾਵੈ ਇਕ ਭੋਰੀ ਨਦਰਿ ਨਿਹਾਲੀਐ ਜੀਉ॥੪॥੨੧॥੨੮॥	(ਨਿਹਾਲੀਐ) ਦੇਖੋ	Naanak Dhaas Sadhaa Gun Gaavai Eik Bhoree Nadhar Nihaaleeai Jeeo ||4||21||28||	Slave Nanak sings Your Glorious Praises forever. Please, just for a moment, bless him with Your Glance of Grace. ||4||21||28||	ਹੇ ਨਾਨਕ! (ਆਖ-ਤੇਰਾ ਇਹ) ਦਾਸ ਸਦਾ ਤੇਰੇ ਗੁਣ ਗਾਂਦਾ ਹੈ। ਰਤਾ ਕੁ ਸਮਾ ਹੀ (ਇਸ ਦਾਸ ਵਲ) ਮਿਹਰ ਦੀ ਨਿਗਾਹ ਨਾਲ ਵੇਖ ॥੪॥੨੧॥੨੮॥
4122	103	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4123	103	ਸਫਲੁ ਸੁ ਬਾਣੀ ਜਿਤੁ ਨਾਮੁ ਵਖਾਣੀ॥	(ਵਖਾਣੀ) ਜਪਿਆ	Safal S Baanee Jith Naam Vakhaanee ||	Blessed are those words, by which the Naam is chanted.	(ਹੇ ਭਾਈ!) ਉਸ ਬਾਣੀ ਨੂੰ ਪੜ੍ਹਨਾ ਲਾਭਦਾਇਕ ਉੱਦਮ ਹੈ, ਜਿਸ ਬਾਣੀ ਦੀ ਰਾਹੀਂ ਕੋਈ ਮਨੁੱਖ ਪਰਮਾਤਮਾ ਦਾ ਨਾਮ ਉਚਾਰਦਾ ਹੈ।
4124	103	ਗੁਰ ਪਰਸਾਦਿ ਕਿਨੈ ਵਿਰਲੈ ਜਾਣੀ॥		Gur Parasaadh Kinai Viralai Jaanee ||	Rare are those who know this, by Guru's Grace.	(ਪਰ) ਗੁਰੂ ਦੀ ਕਿਰਪਾ ਨਾਲ ਕਿਸੇ ਵਿਰਲੇ ਮਨੁੱਖ ਨੇ (ਅਜੇਹੀ ਬਾਣੀ ਨਾਲ) ਸਾਂਝ ਪਾਈ ਹੈ।
4125	103	ਧੰਨੁ ਸੁ ਵੇਲਾ ਜਿਤੁ ਹਰਿ ਗਾਵਤ ਸੁਨਣਾ ਆਏ ਤੇ ਪਰਵਾਨਾ ਜੀਉ॥੧॥	ਵੇਲਾ: ਪੋਲਾ ਬੋਲੋ। ਪਰ-ਵਾਨਾ: ਪੂਰਾ ਰਾਰਾ ਲਾਉ	Dhhann S Vaelaa Jith Har Gaavath Sunanaa Aaeae Thae Paravaanaa Jeeo ||1||	Blessed is that time when one sings and hears the Lord's Name. Blessed and approved is the coming of such a one. ||1||	(ਹੇ ਭਾਈ!) ਉਹ ਵੇਲਾ ਭਾਗਾਂ ਵਾਲਾ ਜਾਣੋ, ਜਿਸ ਵੇਲੇ ਪਰਮਾਤਮਾ ਦੇ ਗੁਣ ਗਾਏ ਜਾਣ ਤੇ ਸੁਣੇ ਜਾਣ। ਜਗਤ-ਵਿਚ-ਜਨਮੇ ਉਹੀ ਮਨੁੱਖ ਮਨੁੱਖਾ ਮਿਆਰ ਵਿਚ ਪੂਰੇ ਗਿਣੇ ਜਾਂਦੇ ਹਨ (ਜੋ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦੇ ਤੇ ਸੁਣਦੇ ਹਨ) ॥੧॥

4126	103	ਸੇ ਨੇਤ੍ਰ ਪਰਵਾਣੁ ਜਿਨੀ ਦਰਸਨੁ ਪੇਖਾ॥		Sae Naethr Paravaan Jinee Dharasan Paekhaa ||	Those eyes which behold the Blessed Vision of the Lord's Darshan are approved and accepted.	ਉਹੀ ਅੱਖਾਂ ਇਨਸਾਨੀ ਅੱਖਾਂ ਅਖਵਾਣ ਦੇ ਜੋਗ ਹਨ, ਜਿਨ੍ਹਾਂ ਨੇ ਪਰਮਾਤਮਾ ਦਾ ਦਰਸਨ ਕੀਤਾ ਹੈ।
4127	103	ਸੇ ਕਰ ਭਲੇ ਜਿਨੀ ਹਰਿ ਜਸੁ ਲੇਖਾ॥	(ਕਰ) ਹੱਥ	Sae Kar Bhalae Jinee Har Jas Laekhaa ||	Those hands which write the Praises of the Lord are good.	ਉਹ ਹੱਥ ਚੰਗੇ ਹਨ ਜਿਨ੍ਹਾਂ ਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਲਿਖੀ ਹੈ।
4128	103	ਸੇ ਚਰਣ ਸੁਹਾਵੇ ਜੋ ਹਰਿ ਮਾਰਗਿ ਚਲੇ ਹਉ ਬਲਿ ਤਿਨ ਸੰਗਿ ਪਛਾਣਾ ਜੀਉ॥੨॥	(ਸੁਹਾਵੇ) ਸੋਭਨੀਕ। ਚੱਲੇ	Sae Charan Suhaavae Jo Har Maarag Chalae Ho Bal Thin Sang Pashhaanaa Jeeo ||2||	Those feet which walk in the Lord's Way are beautiful. I am a sacrifice to that Congregation in which the Lord is recognized. ||2||	ਉਹ ਪੈਰ ਸੁਖ ਦੇਣ ਵਾਲੇ ਹਨ, ਜੇਹੜੇ ਪਰਮਾਤਮਾ ਦੇ (ਮਿਲਾਪ ਦੇ) ਰਾਹ ਉੱਤੇ ਤੁਰਦੇ ਹਨ। ਮੈਂ ਉਹਨਾਂ (ਅੱਖਾਂ ਹੱਥਾਂ ਪੈਰਾਂ) ਤੋਂ ਸਦਕੇ ਜਾਂਦਾ ਹਾਂ। ਇਹਨਾਂ ਦੀ ਸੰਗਤਿ ਵਿਚ ਪਰਮਾਤਮਾ ਨਾਲ ਸਾਂਝ ਪੈ ਸਕਦੀ ਹੈ ॥੨॥
4129	103	ਸੁਣਿ ਸਾਜਨ ਮੇਰੇ ਮੀਤ ਪਿਆਰੇ॥		Sun Saajan Maerae Meeth Piaarae ||	Listen, O my beloved friends and companions:	ਹੇ ਮੇਰੇ ਪਿਆਰੇ ਮਿਤ੍ਰ ਪ੍ਰਭੂ! ਸੱਜਣ-ਪ੍ਰਭੂ! (ਮੇਰੀ ਬੇਨਤੀ) ਸੁਣ।
4130	103	ਸਾਧਸੰਗਿ ਖਿਨ ਮਾਹਿ ਉਧਾਰੇ॥		Saadhhasang Khin Maahi Oudhhaarae ||	In the Saadh Sangat, the Company of the Holy, you shall be saved in an instant.	(ਮੈਨੂੰ ਸਾਧ ਸੰਗਤਿ ਦੇਹ) ਸਾਧ ਸੰਗਤਿ ਵਿਚ ਰਿਹਾਂ ਇਕ ਖਿਨ ਵਿਚ ਹੀ (ਪਾਪਾਂ ਵਿਕਾਰਾਂ ਤੋਂ) ਬਚ ਜਾਈਦਾ ਹੈ।

4131	103	ਕਿਲਵਿਖ ਕਾਟਿ ਹੋਆ ਮਨੁ ਨਿਰਮਲੁ ਮਿਟਿ ਗਏ ਆਵਣ ਜਾਣਾ ਜੀਉ॥੩॥		Kilavikh Kaatt Hoaa Man Niramal Mitt Geae Aavan Jaanaa Jeeo ||3||	Your sins will be cut out; your mind will be immaculate and pure. Your comings and goings shall cease. ||3||	(ਜੇਹੜਾ ਮਨੁੱਖ ਸਾਧ ਸੰਗਤਿ ਵਿਚ ਰਹਿੰਦਾ ਹੈ) ਸਾਰੇ ਪਾਪ ਕੱਟ ਕੇ ਉਸ ਦਾ ਮਨ ਪਵਿੱਤਰ ਹੋ ਜਾਂਦਾ ਹੈ। ਉਸ ਦੇ ਜਨਮ ਮਰਨ ਦੇ ਗੇੜ ਮਿਟ ਜਾਂਦੇ ਹਨ ॥੩॥
4132	103	ਦੁਇ ਕਰ ਜੋੜਿ ਇਕੁ ਬਿਨਉ ਕਰੀਜੈ॥	(ਬਿਨਉ) ਬੇਨਤੀ	Dhue Kar Jorr Eik Bino Kareejai ||	With my palms pressed together, I offer this prayer:	(ਹੇ ਭਾਈ!) ਦੋਵੇਂ ਹੱਥ ਜੋੜ ਕੇ (ਪਰਮਾਤਮਾ ਦੇ ਦਰ ਤੇ) ਇਕ (ਇਹ) ਅਰਦਾਸ ਕਰਨੀ ਚਾਹੀਦੀ ਹੈ,
4133	103	ਕਰਿ ਕਿਰਪਾ ਡੁਬਦਾ ਪਥਰੁ ਲੀਜੈ॥		Kar Kirapaa Ddubadhaa Pathhar Leejai ||	Please bless me with Your Mercy, and save this sinking stone.	(ਕਿ ਹੇ ਪ੍ਰਭੂ!) ਮਿਹਰ ਕਰ ਕੇ (ਵਿਕਾਰਾਂ ਦੇ ਸਮੁੰਦਰ ਵਿਚ) ਡੱਬ ਰਹੇ ਮੈਨੂੰ ਕਠੋਰ-ਚਿੱਤ ਨੂੰ ਬਚਾ ਲੈ।
4134	103	ਨਾਨਕ ਕਉ ਪ੍ਰਭ ਭਏ ਕ੍ਰਿਪਾਲਾ ਪ੍ਰਭ ਨਾਨਕ ਮਨਿ ਭਾਣਾ ਜੀਉ॥੪॥੨੨॥੨੯॥		Naanak Ko Prabh Bheae Kirapaalaa Prabh Naanak Man Bhaanaa Jeeo ||4||22||29||	God has become merciful to Nanak; God is pleasing to Nanak's mind. ||4||22||29||	(ਹੇ ਭਾਈ! ਇਹ ਅਰਦਾਸਾਂ ਸੁਣ ਕੇ) ਪ੍ਰਭੂ ਜੀ ਮੈਂ ਨਾਨਕ ਉੱਤੇ ਦਇਆਵਾਨ ਹੋ ਗਏ ਹਨ, ਤੇ ਪ੍ਰਭੂ ਜੀ ਨਾਨਕ ਦੇ ਮਨ ਵਿਚ ਪਿਆਰੇ ਲੱਗਣ ਲੱਗ ਪਏ ਹਨ ॥੪॥੨੨॥੨੯॥
4135	103	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	

4136	103	ਅੰਮ੍ਰਿਤ ਬਾਣੀ ਹਰਿ ਹਰਿ ਤੇਰੀ॥		Anmrith Baanee Har Har Thaeree ||	The Word of Your Bani, Lord, is Ambrosial Nectar.	ਹੇ ਹਰੀ! ਤੇਰੀ ਸਿਫ਼ਤ-ਸਾਲਾਹ ਦੀ ਬਾਣੀ ਆਤਮਕ ਜੀਵਨ ਦੇਣ ਵਾਲੀ ਹੈ (ਆਤਮਕ ਮੌਤ ਤੋਂ ਬਚਾਣ ਵਾਲੀ ਹੈ)।
4137	103	ਸੁਣਿ ਸੁਣਿ ਹੋਵੈ ਪਰਮਗਤਿ ਮੇਰੀ॥		Sun Sun Hovai Param Gath Maeree ||	Hearing it again and again, I am elevated to the supreme heights.	(ਗੁਰੂ ਦੀ ਉਚਾਰੀ ਹੋਈ ਇਹ ਬਾਣੀ) ਮੁੜ ਮੁੜ ਸੁਣ ਕੇ ਮੇਰੀ ਉੱਚੀ ਆਤਮਕ ਅਵਸਥਾ ਬਣਦੀ ਜਾ ਰਹੀ ਹੈ।
4138	103	ਜਲਨਿ ਬੁਝੀ ਸੀਤਲੁ ਹੋਇ ਮਨੂਆ ਸਤਿਗੁਰ ਕਾ ਦਰਸਨੁ ਪਾਏ ਜੀਉ॥੧॥	ਬੁਝੀ: ਪੋਲਾ ਬੋਲੋ	Jalan Bujhee Seethal Hoe Manooaa Sathigur Kaa Dharasan Paaeae Jeeo ||1||	The burning within me has been extinguished, and my mind has been cooled and soothed, by the Blessed Vision of the True Guru. ||1||	ਗੁਰੂ ਦਾ ਦਰਸਨ ਕਰ ਕੇ (ਤ੍ਰਿਸ਼ਨਾ ਈਰਖਾ ਆਦਿਕ ਦੀ) ਸੜਨ ਬੁੱਝ ਜਾਂਦੀ ਹੈ ਤੇ ਮਨ ਠੰਢਾ-ਠਾਰ ਹੋ ਜਾਂਦਾ ਹੈ ॥੧॥
4139	103	ਸੂਖੁ ਭਇਆ ਦੁਖੁ ਦੂਰਿ ਪਰਾਨਾ॥	ਦੂਰਿ (ਪਰਾਨਾ) ਹੋ ਗਿਆ	Sookh Bhaeiaa Dhukh Dhoor Paraanaa ||	Happiness is obtained, and sorrow runs far away,	ਮੇਰੇ ਮਨ ਅੰਦਰ ਆਤਮਕ ਆਨੰਦ ਪੈਦਾ ਹੋ ਗਿਆ (ਮੇਰਾ) ਦੁੱਖ ਦੂਰ ਭੱਜ ਗਿਆ,
4140	103	ਸੰਤ ਰਸਨ ਹਰਿ ਨਾਮੁ ਵਖਾਨਾ॥	(ਵਖਾਨਾ) ਉਚਾਰਿਆ	Santh Rasan Har Naam Vakhaanaa ||	When the Saints chant the Lord's Name.	(ਜਦੋਂ) ਗੁਰੂ ਦੀ ਜੀਭ ਨੇ ਪਰਮਾਤਮਾ ਦਾ ਨਾਮ ਉਚਾਰਿਆ

4141	103	ਜਲ ਥਲ ਨੀਰਿ ਭਰੇ ਸਰ ਸੁਭਰ ਬਿਰਥਾ ਕੋਇ ਨ ਜਾਏ ਜੀਉ॥੨॥	(ਸੁੱਭਰ)ਨੱਕੋ ਨੱਕ	Jal Thhal Neer Bharae Sar Subhar Birathhaa Koe N Jaaeae Jeeo ||2||	The sea, the dry land, and the lakes are filled with the Water of the Lord's Name; no place is left empty. ||2||	(ਜਿਵੇਂ ਵਰਖਾ ਹੋਣ ਨਾਲ) ਟੋਏ ਟਿੱਬੇ ਤਾਲਾਬ (ਸਭ) ਪਾਣੀ ਨਾਲ ਨਕਾ-ਨਕ ਭਰ ਜਾਂਦੇ ਹਨ (ਤਿਵੇਂ ਗੁਰੂ ਦੇ ਦਰ ਤੇ ਪ੍ਰਭੂ-ਨਾਮ ਦੀ ਵਰਖਾ ਹੁੰਦੀ ਹੈ ਤੇ ਜੇਹੜੇ ਵਡਭਾਗੀ ਮਨੁੱਖ ਗੁਰੂ ਦੀ ਸਰਨ ਆਉਂਦੇ ਹਨ ਉਹਨਾਂ ਦਾ ਮਨ ਉਹਨਾਂ ਦੇ ਗਿਆਨ-ਇੰਦ੍ਰੇ ਸਭ ਨਾਮ-ਜਲ ਨਾਲ ਨਕਾ-ਨਕ ਭਰ ਜਾਂਦੇ ਹਨ। ਗੁਰੂ ਦੇ ਦਰ ਤੇ ਆਇਆਂ ਕੋਈ ਮਨੁੱਖ (ਨਾਮ-ਅੰਮ੍ਰਿਤ ਤੋਂ) ਸੱਖਣਾ ਨਹੀਂ ਜਾਂਦਾ ॥੨॥
4142	103	ਦਇਆ ਧਾਰੀ ਤਿਨਿ ਸਿਰਜਨਹਾਰੇ॥		Dhaeiaa Dhhaaree Thin Sirajanehaarae ||	The Creator has showered His Kindness;	ਉਸ ਸਿਰਜਨਹਾਰ ਪ੍ਰਭੂ ਨੇ (ਮਿਹਰ ਕੀਤੀ) (ਤੇ ਗੁਰੂ ਘੱਲਿਆ।
4143	103	ਜੀਅ ਜੰਤ ਸਗਲੇ ਪ੍ਰਤਿਪਾਰੇ॥	(ਪ੍ਰਤਿਪਾਰੇ) ਪਾਲਣਾ ਕੀਤੀ	Jeea Janth Sagalae Prathipaarae ||	He cherishes and nurtures all beings and creatures.	ਇਸ ਤਰ੍ਹਾਂ ਉਸ ਨੇ ਸ੍ਰਿਸ਼ਟੀ ਦੇ) ਸਾਰੇ ਜੀਵਾਂ ਦੀ (ਵਿਕਾਰਾਂ ਤੋਂ) ਰਾਖੀ (ਦੀ ਵਿਓਂਤ) ਕੀਤੀ।
4144	103	ਮਿਹਰਵਾਨ ਕਿਰਪਾਲ ਦਇਆਲਾ ਸਗਲੇ ਤ੍ਰਿਪਤਿ ਅਘਾਏ ਜੀਉ॥੩॥		Miharavaan Kirapaal Dhaeiaalaa Sagalae Thripath Aghaaeae Jeeo ||3||	He is Merciful, Kind and Compassionate. All are satisfied and fulfilled through Him. ||3||	ਮਿਹਰਵਾਨ ਕਿਰਪਾਲ ਦਇਆਵਾਨ (ਪਰਮਾਤਮਾ ਦੀ ਮਿਹਰ ਨਾਲ ਗੁਰੂ ਦੀ ਸਰਨ ਆਏ) ਸਾਰੇ ਜੀਵ (ਮਾਇਆ ਦੀ ਤ੍ਰੇਹ ਭੁੱਖ ਵਲੋਂ) ਪੂਰਨ ਤੌਰ ਤੇ ਰੱਜ ਗਏ ॥੩॥

4145	103	ਵਨੁ ਤ੍ਰਿਨੁ ਤ੍ਰਿਭਵਣੁ ਕੀਤੋਨੁ ਹਰਿਆ॥	(ਕੀਤੋਨੁ) ਕੀਤਾ	Van Thrin Thribhavan Keethon Hariaa ||	The woods, the meadows and the three worlds are rendered green.	(ਜਿਵੇਂ ਜਦੋਂ) ਜਗਤ ਦੇ ਪੈਦਾ ਕਰਨ ਵਾਲੇ ਪ੍ਰਭੂ ਨੇ (ਵਰਖਾ ਕੀਤੀ ਤਾਂ) ਜੰਗਲ ਘਾਹ ਤੇ ਸਾਰਾ ਤ੍ਰਿਵਨੀ ਜਗਤ ਹਰਾ ਕਰ ਦਿੱਤਾ।
4146	103	ਕਰਣਹਾਰਿ ਖਿਨ ਭੀਤਰਿ ਕਰਿਆ॥	(ਭੀਤਰਿ) ਵਿੱਚ	Karanehaar Khin Bheethar Kariaa ||	The Doer of all did this in an instant.	ਕਰਨਹਾਰ ਨੇ ਇਕ ਪਲ ਵਿਚ ਹੀ ਇਸ ਤਰ੍ਹਾਂ ਕਰ ਦਿੱਤਾ। (ਤਿਵੇਂ ਉਸ ਦਾ ਭੇਜਿਆ ਗੁਰੂ ਨਾਮ ਦੀ ਵਰਖਾ ਕਰਦਾ ਹੈ, ਗੁਰੂ-ਦਰ ਤੇ ਆਏ ਬੰਦਿਆਂ ਦੇ ਹਿਰਦੇ ਨਾਮ-ਜਲ ਨਾਲ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ)।
4147	103	ਗੁਰਮੁਖਿ ਨਾਨਕ ਤਿਸੈ ਅਰਾਧੇ ਮਨ ਕੀ ਆਸ ਪੁਜਾਏ ਜੀਉ॥੪॥੨੩॥੩੦॥	(ਅਰਾਧੇ) ਸਿਮਰੇ। (ਪੁਜਾਏ) ਪੂਰੀ ਕਰੇ	Guramukh Naanak Thisai Araadhhae Man Kee Aas Pujaaeae Jeeo ||4||23||30||	As Gurmukh, Nanak meditates on the One who fulfills the desires of the mind. ||4||23||30||	ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਜੇਹੜਾ ਮਨੁੱਖ ਉਸ ਪਰਮਾਤਮਾ ਨੂੰ ਸਿਮਰਦਾ ਹੈ, ਪਰਮਾਤਮਾ ਉਸ ਦੇ ਮਨ ਦੀ ਆਸ ਪੂਰੀ ਕਰ ਦੇਂਦਾ ਹੈ (ਦੁਨੀਆ ਦੀਆਂ ਆਸਾ-ਤ੍ਰਿਸ਼ਨਾ ਵਿਚ ਭਟਕਣੋਂ ਉਸ ਨੂੰ ਬਚਾ ਲੈਂਦਾ ਹੈ) ॥੪॥੨੩॥੩੦॥
4148	103	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4149	103	ਤੂੰ ਮੇਰਾ ਪਿਤਾ ਤੂੰਹੈ ਮੇਰਾ ਮਾਤਾ॥		Thoon Maeraa Pithaa Thoonhai Maeraa Maathaa ||	You are my Father, and You are my Mother.	ਹੇ ਪ੍ਰਭੂ! ਤੂੰ ਮੇਰਾ ਪਿਉ (ਦੇ ਥਾਂ) ਹੈਂ ਤੂੰ ਹੀ ਮੇਰਾ ਮਾਂ (ਦੇ ਥਾਂ) ਹੈ,

4150	103	ਤੂੰ ਮੇਰਾ ਬੰਧਪੁ ਤੂੰ ਮੇਰਾ ਭ੍ਰਾਤਾ॥		Thoon Maeraa Bandhhap Thoon Maeraa Bhraathaa ||	You are my Relative, and You are my Brother.	ਤੂੰ ਮੇਰਾ ਰਿਸ਼ਤੇਦਾਰ ਹੈਂ ਤੂੰ ਹੀ ਮੇਰਾ ਭਰਾ ਹੈਂ।
4151	103	ਤੂੰ ਮੇਰਾ ਰਾਖਾ ਸਭਨੀ ਥਾਈ ਤਾ ਭਉ ਕੇਹਾ ਕਾੜਾ ਜੀਉ॥੧॥	(ਕਾੜਾ) ਚਿੰਤਾ। ਥਾਂਈਂ	Thoon Maeraa Raakhaa Sabhanee Thhaaee Thaa Bho Kaehaa Kaarraa Jeeo ||1||	You are my Protector everywhere; why should I feel any fear or anxiety? ||1||	(ਹੇ ਪ੍ਰਭੂ! ਜਦੋਂ) ਤੂੰ ਹੀ ਸਭ ਥਾਵਾਂ ਤੇ ਮੇਰਾ ਰਾਖਾ ਹੈਂ, ਤਾਂ ਕੋਈ ਡਰ ਮੈਨੂੰ ਪੋਹ ਨਹੀਂ ਸਕਦਾ, ਕੋਈ ਚਿੰਤਾ ਮੇਰੇ ਉੱਤੇ ਜ਼ੋਰ ਨਹੀਂ ਪਾ ਸਕਦੀ ॥੧॥
4152	103	ਤੁਮਰੀ ਕ੍ਰਿਪਾ ਤੇ ਤੁਧੁ ਪਛਾਣਾ॥		Thumaree Kirapaa Thae Thudhh Pashhaanaa ||	By Your Grace, I recognize You.	(ਹੇ ਪ੍ਰਭੂ!) ਤੇਰੀ ਮਿਹਰ ਨਾਲ ਹੀ ਮੈਂ ਤੇਰੇ ਨਾਲ ਡੂੰਘੀ ਸਾਂਝ ਪਾ ਸਕਦਾ ਹਾਂ।
4153	103	ਤੂੰ ਮੇਰੀ ਓਟ ਤੂੰਹੈ ਮੇਰਾ ਮਾਣਾ॥		Thoon Maeree Outt Thoonhai Maeraa Maanaa ||	You are my Shelter, and You are my Honor.	ਤੂੰ ਹੀ ਮੇਰਾ ਆਸਰਾ ਹੈਂ, ਤੂੰ ਹੀ ਮੇਰਾ ਫ਼ਖ਼ਰ ਦਾ ਥਾਂ ਹੈਂ।
4154	103	ਤੁਝ ਬਿਨੁ ਦੂਜਾ ਅਵਰੁ ਨ ਕੋਈ ਸਭੁ ਤੇਰਾ ਖੇਲੁ ਅਖਾੜਾ ਜੀਉ॥੨॥	(ਅਖਾੜਾ) ਪਿੜ	Thujh Bin Dhoojaa Avar N Koee Sabh Thaeraa Khael Akhaarraa Jeeo ||2||	Without You, there is no other; the entire Universe is the Arena of Your Play. ||2||	ਤੈਥੋਂ ਬਿਨਾ ਤੇਰੇ ਵਰਗਾ ਹੋਰ ਕੋਈ ਨਹੀਂ ਹੈ। ਇਹ ਜਗਤ ਤਮਾਸ਼ਾ ਇਹ ਜਗਤ ਅਖਾੜਾ ਤੇਰਾ ਹੀ ਬਣਾਇਆ ਹੋਇਆ ਹੈ ॥੨॥
4155	103	ਜੀਅ ਜੰਤੁ ਸਭਿ ਤੁਧੁ ਉਪਾਏ॥		Jeea Janth Sabh Thudhh Oupaaeae ||	You have created all beings and creatures.	(ਹੇ ਪ੍ਰਭੂ!) ਜਗਤ ਦੇ ਸਾਰੇ ਜੀਅ ਜੰਤ ਤੂੰ ਹੀ ਪੈਦਾ ਕੀਤੇ ਹਨ।

4156	103	ਜਿਤੁ ਜਿਤੁ ਭਾਣਾ ਤਿਤੁ ਤਿਤੁ ਲਾਏ॥		Jith Jith Bhaanaa Thith Thith Laaeae ||	As it pleases You, You assign tasks to one and all.	ਜਿਸ ਜਿਸ ਕੰਮ ਵਿਚ ਤੇਰੀ ਰਜ਼ਾ ਹੋਈ ਤੂੰ ਉਸ ਉਸ ਕੰਮ ਵਿਚ (ਸਾਰੇ ਜੀਅ ਜੰਤ) ਲਾਏ ਹੋਏ ਹਨ।
4157	103	ਸਭ ਕਿਛੁ ਕੀਤਾ ਤੇਰਾ ਹੋਵੈ ਨਾਹੀ ਕਿਛੁ ਅਸਾੜਾ ਜੀਉ॥੩॥		Sabh Kishh Keethaa Thaeraa Hovai Naahee Kishh Asaarraa Jeeo ||3||	All things are Your Doing; we can do nothing ourselves. ||3||	(ਜਗਤ ਵਿਚ ਜੋ ਕੁਝ ਹੋ ਰਿਹਾ ਹੈ) ਸਭ ਤੇਰਾ ਕੀਤਾ ਹੋ ਰਿਹਾ ਹੈ, ਸਾਡਾ ਜੀਵਾਂ ਦਾ ਕੋਈ ਜ਼ੋਰ ਨਹੀਂ ਚੱਲ ਸਕਦਾ ॥੩॥
4158	103	ਨਾਮੁ ਧਿਆਇ ਮਹਾ ਸੁਖੁ ਪਾਇਆ॥		Naam Dhhiaae Mehaa Sukh Paaeiaa ||	Meditating on the Naam, I have found great peace.	(ਹੇ ਭਾਈ!) ਪਰਮਤਾਮਾ ਦਾ ਨਾਮ ਸਿਮਰ ਕੇ ਮੈਂ ਬੜਾ ਆਤਮਕ ਆਨੰਦ ਹਾਸਲ ਕੀਤਾ ਹੈ।
4159	103	ਹਰਿ ਗੁਣ ਗਾਇ ਮੇਰਾ ਮਨੁ ਸੀਤਲਾਇਆ॥		Har Gun Gaae Maeraa Man Seethalaaeiaa ||	Singing the Glorious Praises of the Lord, my mind is cooled and soothed.	ਪਰਮਾਤਮਾ ਦੇ ਗੁਣ ਗਾ ਕੇ ਮੇਰਾ ਮਨ ਠੰਢਾ-ਠਾਰ ਹੋ ਗਿਆ ਹੈ।
4160	103	ਗੁਰਿ ਪੂਰੈ ਵਜੀ ਵਾਧਾਈ ਨਾਨਕ ਜਿਤਾ ਬਿਖਾੜਾ ਜੀਉ॥੪॥੨੪॥੩੧॥	(ਬਿਖਾੜਾ) ਬਿਖਮ ਅਖਾੜਾ। ਵੱਜੀ ਜਿੱਤਾ	Gur Poorai Vajee Vaadhhaaee Naanak Jithaa Bikhaarraa Jeeo ||4||24||31||	Through the Perfect Guru, congratulations are pouring in-Nanak is victorious on the arduous battlefield of life! ||4||24||31||	ਹੇ ਨਾਨਕ! (ਆਖ-) ਪੂਰੇ ਗੁਰੂ ਦੀ ਰਾਹੀਂ (ਮੇਰੇ ਅੰਦਰ) ਆਤਮਕ ਉਤਸ਼ਾਹ ਦਾ (ਮਾਨੋ) ਢੋਲ ਵੱਜ ਪਿਆ ਹੈ ਤੇ ਮੈਂ (ਵਿਕਾਰਾਂ ਨਾਲ ਹੋ ਰਿਹਾ) ਔਖਾ ਘੋਲ ਜਿੱਤ ਲਿਆ ਹੈ ॥੪॥੨੪॥੩੧॥
4161	103	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	

4162	103	ਜੀਅ ਪ੍ਰਾਨ ਪ੍ਰਭ ਮਨਹਿ ਅਧਾਰਾ॥		Jeea Praan Prabh Manehi Adhhaaraa ||	God is the Breath of Life of my soul, the Support of my mind.	ਪਰਮਾਤਮਾ (ਭਗਤ ਜਨਾਂ ਦੀ) ਜਿੰਦ ਦਾ, ਪ੍ਰਾਣਾਂ ਦਾ, ਮਨ ਦਾ, ਆਸਰਾ ਹੈ।
4163	103	ਭਗਤ ਜੀਵਹਿ ਗੁਣ ਗਾਇ ਅਪਾਰਾ॥		Bhagath Jeevehi Gun Gaae Apaaraa ||	His devotees live by singing the Glorious Praises of the Infinite Lord.	ਭਗਤ ਬੇਅੰਤ ਪ੍ਰਭੂ ਦੇ ਗੁਣ ਗਾ ਕੇ ਆਤਮਕ ਜ਼ਿੰਦਗੀ ਹਾਸਲ ਕਰਦੇ ਹਨ।
4164	103	ਗੁਣ ਨਿਧਾਨੁ ਅੰਮ੍ਰਿਤੁ ਹਰਿ ਨਾਮਾ ਹਰਿ ਧਿਆਇ ਧਿਆਇ ਸੁਖੁ ਪਾਇਆ ਜੀਉ॥੧॥		Gun Nidhhaan Anmrith Har Naamaa Har Dhhiaae Dhhiaae Sukh Paaeiaa Jeeo ||1||	The Ambrosial Name of the Lord is the Treasure of Excellence. Meditating, meditating on the Lord's Name, I have found peace. ||1||	ਪਰਮਾਤਮਾ ਨਾਮ ਦਾ ਗੁਣਾਂ ਦਾ ਖ਼ਜ਼ਾਨਾ ਹੈ, ਪਰਮਾਤਮਾ ਦਾ ਨਾਮ ਆਤਮਕ ਮੌਤ ਤੋਂ ਬਚਾਣ ਵਾਲਾ ਹੈ। ਭਗਤ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਆਤਮਕ ਆਨੰਦ ਮਾਣਦੇ ਹਨ ॥੧॥
4165	103	ਮਨਸਾ ਧਾਰਿ ਜੋ ਘਰਿ ਤੇ ਆਵੈ॥	(ਮਨਸਾ) ਸ਼ਰਧਾ ਭਾਵਨਾ	Manasaa Dhhaar Jo Ghar Thae Aavai ||	One whose heart's desires lead him from his own home	ਜੇਹੜਾ ਮਨੁੱਖ (ਪਰਮਾਤਮਾ ਦੇ ਮਿਲਾਪ ਦੀ) ਤਾਂਘ ਕਰ ਕੇ ਘਰੋਂ ਤੁਰਦਾ ਹੈ,
4166	104	ਸਾਧਸੰਗਿ ਜਨਮ ਮਰਣੁ ਮਿਟਾਵੈ॥		Saadhhasang Janam Maran Mittaavai ||	To the Saadh Sangat, the Company of the Holy, shall be rid of the cycle of birth and death	ਉਹ ਸਾਧ ਸੰਗਤਿ ਵਿਚ ਆ ਕੇ (ਪ੍ਰਭੂ-ਨਾਮ ਦੀ ਬਰਕਤਿ ਨਾਲ) ਆਪਣਾ ਜਨਮ ਮਰਨ ਦਾ ਗੇੜ ਮੁਕਾ ਲੈਂਦਾ ਹੈ।

4167	104	ਆਸ ਮਨੋਰਥੁ ਪੂਰਨੁ ਹੋਵੈ ਭੇਟਤ ਗੁਰ ਦਰਸਾਇਆ ਜੀਉ॥੨॥	(ਭੇਟਤ) ਮਿਲਦਿਆਂ। (ਦਰਸਾਇਆ) ਦਰਸ਼ਨ	Aas Manorathh Pooran Hovai Bhaettath Gur Dharasaaeiaa Jeeo ||2||	His hopes and desires are fulfilled, when he gains the Blessed Vision of the Guru's Darshan. ||2||	(ਸਾਧ ਸੰਗਤਿ ਵਿਚ) ਗੁਰੂ ਦਾ ਦਰਸਨ ਕਰ ਕੇ ਉਸ ਦੀ ਇਹ ਆਸ ਪੂਰੀ ਹੋ ਜਾਂਦੀ ਹੈ, ਉਸ ਦਾ ਇਹ ਮਨੋਰਥ ਸਿਰੇ ਚੜ੍ਹ ਜਾਂਦਾ ਹੈ ॥੨॥
4168	104	ਅਗਮ ਅਗੋਚਰ ਕਿਛੁ ਮਿਤਿ ਨਹੀ ਜਾਨੀ॥		Agam Agochar Kishh Mith Nehee Jaanee ||	The limits of the Inaccessible and Unfathomable Lord cannot be known.	ਕੋਈ ਮਨੁੱਖ ਇਹ ਪਤਾ ਨਹੀਂ ਕਰ ਸਕਿਆ ਕਿ ਉਹ ਅਪਹੁੰਚ ਪ੍ਰਭੂ ਉਹ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਪ੍ਰਭੂ ਕੇਡਾ ਵੱਡਾ ਹੈ।
4169	104	ਸਾਧਿਕ ਸਿਧ ਧਿਆਵਹਿ ਗਿਆਨੀ॥		Saadhhik Sidhh Dhhiaavehi Giaanee ||	The seekers, the Siddhas, those beings of miraculous spiritual powers, and the spiritual teachers, all meditate on Him.	ਜੋਗ-ਸਾਧਨਾਂ ਕਰਨ ਵਾਲੇ ਜੋਗੀ, ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਗਿਆਨ-ਵਾਨ ਬੰਦੇ ਸਮਾਧੀਆਂ ਲਾਂਦੇ ਹਨ (ਪਰ ਉਸ ਦਾ ਅੰਤ ਨਹੀਂ ਜਾਣਦੇ।)
4170	104	ਖੁਦੀ ਮਿਟੀ ਚੂਕਾ ਭੋਲਾਵਾ ਗੁਰਿ ਮਨ ਹੀ ਮਹਿ ਪ੍ਰਗਟਾਇਆ ਜੀਉ॥੩॥	(ਖੁਦੀ) ਹਉਮੈ। (ਭੋਲਾਵਾ) ਭੁਲੇਖਾ। ਮਿਟੀ: ਪੋਲਾ ਬੋਲੋ	Khudhee Mittee Chookaa Bholaavaa Gur Man Hee Mehi Pragattaaeiaa Jeeo ||3||	Thus, their egos are erased, and their doubts are dispelled. The Guru has enlightened their minds. ||3||	(ਗੁਰੂ ਦੀ ਸਰਨ ਪੈ ਕੇ) ਜਿਸ ਮਨੁੱਖ ਦੀ ਹਉਮੈ ਦੂਰ ਹੋ ਜਾਂਦੀ ਹੈ, ਜਿਸ ਮਨੁੱਖ ਦਾ (ਆਪਣੀ ਤਾਕਤ ਆਦਿਕ ਦਾ) ਭੁਲੇਖਾ ਮੁਕ ਜਾਂਦਾ ਹੈ, ਗੁਰੂ ਨੇ ਉਸ ਦੇ ਮਨ ਵਿਚ ਹੀ (ਉਸ ਬੇਅੰਤ ਪ੍ਰਭੂ ਦਾ) ਪਰਕਾਸ਼ ਕਰ ਦਿੱਤਾ ਹੈ ॥੩॥

4171	104	ਅਨਦ ਮੰਗਲ ਕਲਿਆਣ ਨਿਧਾਨਾ॥	ਅਨ-ਦ: ਪੋਲਾ ਬੋਲੋ	Anadh Mangal Kaliaan Nidhhaanaa ||	Which is the Treasure of bliss, joy, salvation,	ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਸ ਦੇ ਹਿਰਦੇ ਵਿਚ ਆਤਮਕ ਆਨੰਦ ਖ਼ੁਸ਼ੀਆਂ ਦੇ ਖ਼ਜ਼ਾਨੇ ਪਰਗਟ ਹੋ ਪੈਂਦੇ ਹਨ।
4172	104	ਸੂਖ ਸਹਜ ਹਰਿ ਨਾਮੁ ਵਖਾਨਾ॥		Sookh Sehaj Har Naam Vakhaanaa ||	Intuitive peace and poise; I chant the Name of that Lord.	ਉਸ ਦੇ ਅੰਦਰ ਆਤਮਕ ਅਡੋਲਤਾ ਪੈਦਾ ਹੋ ਜਾਂਦੀ ਹੈ।
4173	104	ਹੋਇ ਕ੍ਰਿਪਾਲੁ ਸੁਆਮੀ ਅਪਨਾ ਨਾਉ ਨਾਨਕ ਘਰ ਮਹਿ ਆਇਆ ਜੀਉ॥੪॥੨੫॥੩੨॥		Hoe Kirapaal Suaamee Apanaa Naao Naanak Ghar Mehi Aaeiaa Jeeo ||4||25||32||	When my Lord and Master blessed me with His Mercy, O Nanak, then His Name entered the home of my mind. ||4||25||32||	ਹੇ ਨਾਨਕ! ਜਿਸ ਮਨੁੱਖ ਉੱਤੇ ਆਪਣਾ ਮਾਲਕ-ਪ੍ਰਭੂ ਦਇਆਵਾਨ ਹੋ ਜਾਂਦਾ ਹੈ, ਉਸ ਦੇ ਹਿਰਦੇ-ਘਰ ਵਿਚ ਉਸ ਦਾ ਨਾਮ ਵੱਸ ਪੈਂਦਾ ਹੈ ॥੪॥੨੫॥੩੨॥
4174	104	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4175	104	ਸੁਣਿ ਸੁਣਿ ਜੀਵਾ ਸੋਇ ਤੁਮਾਰੀ॥	(ਸੋਇ) ਸੋਭਾ	Sun Sun Jeevaa Soe Thumaaree ||	Hearing of You, I live.	ਹੇ ਪ੍ਰਭੂ! ਤੇਰੀਆਂ ਸਿਫ਼ਤ-ਸਾਲਾਹ ਦੀਆਂ ਗੱਲਾਂ ਸੁਣ ਸੁਣ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ।
4176	104	ਤੂੰ ਪ੍ਰੀਤਮੁ ਠਾਕੁਰੁ ਅਤਿ ਭਾਰੀ॥		Thoon Preetham Thaakur Ath Bhaaree ||	You are my Beloved, my Lord and Master, Utterly Great.	ਤੂੰ ਮੇਰਾ ਪਿਆਰਾ ਹੈਂ, ਤੂੰ ਮੇਰਾ ਪਾਲਣਹਾਰ ਹੈਂ, ਤੂੰ ਬਹੁਤ ਵੱਡਾ (ਮਾਲਕ) ਹੈਂ।

4177	104	ਤੁਮਰੇ ਕਰਤਬ ਤੁਮ ਹੀ ਜਾਣਹੁ ਤੁਮਰੀ ਓਟ ਗੋਪਾਲਾ ਜੀਉ॥੧॥	(ਕਰਤਬ) ਕੌਤਕ। ਗੋਪਾਲਾ: ਹੋੜੇ ਔਂਕੜ ਵਿਚਕਾਰਲੀ ਅਵਾਜ ਬੋਲੋ	Thumarae Karathab Thum Hee Jaanahu Thumaree Outt Guopaalaa Jeeo ||1||	You alone know Your Ways; I grasp Your Support, Lord of the World. ||1||	ਹੇ ਪ੍ਰਭੂ! ਆਪਣੇ ਫ਼ਰਜ਼ ਤੂੰ ਆਪ ਹੀ ਜਾਣਦਾ ਹੈਂ। ਹੇ ਸ੍ਰਿਸ਼ਟੀ ਦੇ ਪਾਲਣ ਵਾਲੇ! ਮੈਨੂੰ ਤੇਰਾ ਹੀ ਆਸਰਾ ਹੈ ॥੧॥
4178	104	ਗੁਣ ਗਾਵਤ ਮਨੁ ਹਰਿਆ ਹੋਵੈ॥		Gun Gaavath Man Hariaa Hovai ||	Singing Your Glorious Praises, my mind is rejuvenated.	(ਹੇ ਭਾਈ!) ਪਰਮਾਤਮਾ ਦੀ ਸਿਫ਼ਤ-ਸਾਲਾਹ ਕਰ ਕੇ (ਆਤਮਕ ਜੀਵਨ ਵਲੋਂ ਮੇਰਾ ਸੁੱਕਾ ਹੋਇਆ) ਮਨ ਹਰਾ ਹੁੰਦਾ ਜਾ ਰਿਹਾ ਹੈ।
4179	104	ਕਥਾ ਸੁਣਤ ਮਲੁ ਸਗਲੀ ਖੋਵੈ॥		Kathhaa Sunath Mal Sagalee Khovai ||	Hearing Your Sermon, all filth is removed.	ਪ੍ਰਭੂ ਦੀਆਂ ਸਿਫ਼ਤ-ਸਾਲਾਹ ਦੀਆਂ ਗੱਲਾਂ ਸੁਣ ਕੇ ਮੇਰੇ ਮਨ ਦੀ ਸਾਰੀ (ਵਿਕਾਰਾਂ ਦੀ) ਮੈਲ ਦੂਰ ਹੋ ਰਹੀ ਹੈ।
4180	104	ਭੇਟਤ ਸੰਗਿ ਸਾਧ ਸੰਤਨ ਕੈ ਸਦਾ ਜਪਉ ਦਇਆਲਾ ਜੀਉ॥੨॥	(ਭੇਟਤ) ਮਿਲਦਿਆਂ। ਦਇਆਲਾ	Bhaettath Sang Saadhh Santhan Kai Sadhaa Japo Dhaeiaalaa Jeeo ||2||	Joining the Saadh Sangat, the Company of the Holy, I meditate forever on the Merciful Lord. ||2||	ਗੁਰੂ ਦੀ ਸੰਗਤਿ ਵਿਚ ਸੰਤ ਜਨਾਂ ਦੀ ਸੰਗਤਿ ਵਿਚ ਮਿਲ ਕੇ ਮੈਂ ਸਦਾ ਉਸ ਦਇਆਲ ਪ੍ਰਭੂ ਦਾ ਨਾਮ ਜਪਦਾ ਹਾਂ ॥੨॥
4181	104	ਪ੍ਰਭੁ ਅਪੁਨਾ ਸਾਸਿ ਸਾਸਿ ਸਮਾਰਉ॥		Prabh Apunaa Saas Saas Samaaro ||	I dwell on my God with each and every breath.	(ਹੇ ਭਾਈ!) ਮੈਂ ਆਪਣੇ ਪ੍ਰਭੂ ਨੂੰ ਆਪਣੇ ਹਰੇਕ ਸਾਹ ਦੇ ਨਾਲ ਚੇਤੇ ਕਰਦਾ ਰਹਿੰਦਾ ਹਾਂ।

4182	104	ਇਹ ਮਤਿ ਗੁਰ ਪ੍ਰਸਾਦਿ ਮਨਿ ਧਾਰਉ॥		Eih Math Gur Prasaadh Man Dhhaaro ||	This understanding has been implanted within my mind, by Guru's Grace	ਇਹ ਸੁਚੱਜ ਮੈਂ ਆਪਣੇ ਗੁਰੂ ਦੀ ਕਿਰਪਾ ਨਾਲ ਆਪਣੇ ਮਨ ਵਿਚ ਟਿਕਾਇਆ ਹੋਇਆ ਹੈ।
4183	104	ਤੁਮਰੀ ਕ੍ਰਿਪਾ ਤੇ ਹੋਇ ਪ੍ਰਗਾਸਾ ਸਰਬ ਮਇਆ ਪ੍ਰਤਿਪਾਲਾ ਜੀਉ॥੩॥	(ਮਇਆ) ਦਇਆ	Thumaree Kirapaa Thae Hoe Pragaasaa Sarab Maeiaa Prathipaalaa Jeeo ||3||	By Your Grace, the Divine Light has dawned. The Merciful Lord cherishes everyone. ||3||	ਹੇ ਪ੍ਰਭੂ! ਤੇਰੀ ਕਿਰਪਾ ਨਾਲ ਹੀ (ਜੀਵਾਂ ਦੇ ਮਨ ਵਿਚ ਤੇਰੇ ਨਾਮ ਦਾ) ਚਾਨਣ ਹੋ ਸਕਦਾ ਹੈ, ਤੂੰ ਸਭ ਉਤੇ ਮਿਹਰ ਕਰਨ ਵਾਲਾ ਹੈਂ ਤੇ ਸਭ ਦੀ ਰੱਖਿਆ ਕਰਨ ਵਾਲਾ ਹੈਂ ॥੩॥
4184	104	ਸਤਿ ਸਤਿ ਸਤਿ ਪ੍ਰਭੁ ਸੋਈ॥		Sath Sath Sath Prabh Soee ||	True, True, True is that God.	(ਹੇ ਭਾਈ!) ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਸਦਾ ਕਾਇਮ ਰਹਿਣ ਵਾਲਾ ਹੈ, ਸਦਾ ਕਾਇਮ ਰਹਿਣ ਵਾਲਾ ਹੈ।
4185	104	ਸਦਾ ਸਦਾ ਸਦ ਆਪੇ ਹੋਈ॥		Sadhaa Sadhaa Sadh Aapae Hoee ||	Forever, forever and ever, He Himself is.	ਸਦਾ ਹੀ, ਸਦਾ ਹੀ, ਸਦਾ ਹੀ ਉਹ ਆਪ ਹੀ ਆਪ ਹੈ।
4186	104	ਚਲਿਤ ਤੁਮਾਰੇ ਪ੍ਰਗਟ ਪਿਆਰੇ ਦੇਖਿ ਨਾਨਕ ਭਏ ਨਿਹਾਲਾ ਜੀਉ॥੪॥੨੬॥੩੩॥	(ਚਲਿ-ਤ) ਕੌਤਕ, ਲੱਲੇ ਸਿਹਾਰੀ ਲਾਓ। (ਨਿਹਾਲਾ) ਵਿਸਮਾਦ ਪ੍ਰਸੰਨ	Chalith Thumaarae Pragatt Piaarae Dhaekh Naanak Bheae Nihaalaa Jeeo ||4||26||33||	Your Playful Ways are revealed, O my Beloved. Beholding them, Nanak is enraptured. ||4||26||33||	ਹੇ ਨਾਨਕ! (ਆਖ-) ਹੇ ਪਿਆਰੇ ਪ੍ਰਭੂ! ਤੇਰੇ ਚੋਜ-ਤਮਾਸ਼ੇ ਤੇਰੇ ਰਚੇ ਹੋਏ ਸੰਸਾਰ ਵਿਚ ਪਰਤੱਖ ਦਿੱਸ ਰਹੇ ਹਨ। (ਤੇਰਾ ਇਹ ਦਾਸ ਉਹਨਾਂ ਨੂੰ) ਵੇਖ ਕੇ ਪ੍ਰਸੰਨ ਹੋ ਰਿਹਾ ਹੈ ॥੪॥੨੬॥੩੩॥

4187	104	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4188	104	ਹੁਕਮੀ ਵਰਸਣ ਲਾਗੇ ਮੇਹਾ॥		Hukamee Varasan Laagae Maehaa ||	By His Command, the rain begins to fall.	(ਜਿਵੇਂ ਵਰਖਾ-ਰੁੱਤ ਆਉਣ ਤੇ ਜਦੋਂ ਮੀਂਹ ਪੈਂਦਾ ਹੈ, ਤਾਂ ਠੰਢ ਪੈ ਜਾਂਦੀ ਹੈ, ਬਹੁਤ ਫ਼ਸਲ ਉੱਗਦੇ ਹਨ, ਸਭ ਲੋਕ ਅੰਨ ਨਾਲ ਰੱਜ ਜਾਂਦੇ ਹਨ, ਤਿਵੇਂ)
4189	104	ਸਾਜਨ ਸੰਤ ਮਿਲਿ ਨਾਮੁ ਜਪੇਹਾ॥		Saajan Santh Mil Naam Japaehaa ||	The Saints and friends have met to chant the Naam.	ਜਦੋਂ ਸਤਸੰਗੀ ਗੁਰਮੁਖਿ ਬੰਦੇ (ਸਾਧ ਸੰਗਤਿ ਵਿਚ) ਮਿਲ ਕੇ ਪਰਮਾਤਮਾ ਦਾ ਨਾਮ ਜਪਦੇ ਹਨ, (ਤਾਂ ਉਥੇ) ਪਰਮਾਤਮਾ ਦੇ ਹੁਕਮ ਅਨੁਸਾਰ ਸਿਫ਼ਤ-ਸਾਲਾਹ ਦੀ (ਮਾਨੋ) ਵਰਖਾ ਹੋਣ ਲੱਗ ਪੈਂਦੀ ਹੈ
4190	104	ਸੀਤਲ ਸਾਂਤਿ ਸਹਜ ਸੁਖੁ ਪਾਇਆ ਠਾਢਿ ਪਾਈ ਪ੍ਰਭਿ ਆਪੇ ਜੀਉ॥੧॥		Seethal Saanth Sehaj Sukh Paaeiaa Thaadt Paaee Prabh Aapae Jeeo ||1||	Serene tranquility and peaceful ease have come; God Himself has brought a deep and profound peace. ||1||	(ਜਿਸ ਦੀ ਬਰਕਤਿ ਨਾਲ ਸਤਸੰਗੀ ਬੰਦੇ) ਆਤਮਕ ਠੰਢ ਪਾਣ ਵਾਲੀ ਸ਼ਾਂਤੀ ਤੇ ਆਤਮਕ ਅਡੋਲਤਾ ਦਾ ਆਨੰਦ ਮਾਣਦੇ ਹਨ (ਉਹਨਾਂ ਦੇ ਹਿਰਦੇ ਵਿਚ ਉਥੇ) ਪ੍ਰਭੂ ਨੇ ਆਪ ਹੀ (ਵਿਕਾਰਾਂ ਦੀ ਤਪਸ਼ ਮਿਟਾ ਕੇ) ਆਤਮਕ ਠੰਢ ਪਾ ਦਿੱਤੀ ਹੁੰਦੀ ਹੈ ॥੧॥
4191	104	ਸਭੁ ਕਿਛੁ ਬਹੁਤੋ ਬਹੁਤੁ ਉਪਾਇਆ॥		Sabh Kishh Bahutho Bahuth Oupaaeiaa ||	God has produced everything in great abundance.	(ਸਾਧ ਸੰਗਤਿ ਵਿਚ ਹਰਿ-ਨਾਮ ਦੀ ਵਰਖਾ ਦੇ ਕਾਰਨ) ਪਰਮਾਤਮਾ ਹਰੇਕ ਆਤਮਕ ਗੁਣ (ਦਾ, ਮਾਨੋ, ਫ਼ਸਲ) ਪੈਦਾ ਕਰ ਦੇਂਦਾ ਹੈ,

4192	104	ਕਰਿ ਕਿਰਪਾ ਪ੍ਰਭਿ ਸਗਲ ਰਜਾਇਆ॥		Kar Kirapaa Prabh Sagal Rajaaeiaa ||	Granting His Grace, God has satisfied all.	(ਜਿਨ੍ਹਾਂ ਦਾ ਸਦਕਾ) ਪ੍ਰਭੂ ਨੇ ਕਿਰਪਾ ਕਰ ਕੇ (ਉਥੇ) ਸਾਰੇ ਸਤਸੰਗੀਆਂ ਦੇ ਅੰਦਰ ਸੰਤੋਖ ਵਾਲਾ ਜੀਵਨ ਪੈਦਾ ਕਰ ਦਿੱਤਾ ਹੁੰਦਾ ਹੈ।
4193	104	ਦਾਤਿ ਕਰਹੁ ਮੇਰੇ ਦਾਤਾਰਾ ਜੀਅ ਜੰਤ ਸਭਿ ਧ੍ਰਾਪੇ ਜੀਉ॥੨॥	(ਧ੍ਰਾਪੇ) ਤ੍ਰਿਪਤ ਹੋਏ	Dhaath Karahu Maerae Dhaathaaraa Jeea Janth Sabh Dhhraapae Jeeo ||2||	Bless us with Your Gifts, O my Great Giver. All beings and creatures are satisfied. ||2||	ਹੇ ਮੇਰੇ ਦਾਤਾਰ! (ਜਿਵੇਂ ਵਰਖਾ ਨਾਲ ਅੰਨ-ਧਨ ਪੈਦਾ ਕਰ ਕੇ ਤੂੰ ਸਭ ਜੀਵਾਂ ਨੂੰ ਰਜਾ ਦੇਂਦਾ ਹੈਂ, ਤਿਵੇਂ) ਤੂੰ ਆਪਣੇ ਨਾਮ ਦੀ ਦਾਤ ਕਰਦਾ ਹੈਂ ਤੇ ਸਾਰੇ ਸਤਸੰਗੀਆਂ ਨੂੰ (ਮਾਇਆ ਦੀ ਤ੍ਰਿਸ਼ਨਾ ਵਲੋਂ) ਰਜਾ ਦੇਂਦਾ ਹੈਂ ॥੨॥
4194	104	ਸਚਾ ਸਾਹਿਬੁ ਸਚੀ ਨਾਈ॥	(ਨਾਈ) ਸ਼ੋਭਾ, ਵਡਿਆਈ	Sachaa Saahib Sachee Naaee ||	True is the Master, and True is His Name.	ਜੇਹੜਾ ਪਰਮਾਤਮਾ ਸਦਾ-ਥਿਰ ਰਹਿਣ ਵਾਲਾ ਹੈ ਜਿਸ ਦੀ ਵਡਿਆਈ ਸਦਾ-ਥਿਰ ਰਹਿਣ ਵਾਲੀ ਹੈ,
4195	104	ਗੁਰ ਪਰਸਾਦਿ ਤਿਸੁ ਸਦਾ ਧਿਆਈ॥		Gur Parasaadh This Sadhaa Dhhiaaee ||	By Guru's Grace, I meditate forever on Him.	ਉਸ ਨੂੰ ਮੈਂ ਗੁਰੂ ਦੀ ਕਿਰਪਾ ਨਾਲ ਸਦਾ ਸਿਮਰਦਾ ਹਾਂ।
4196	104	ਜਨਮ ਮਰਣ ਭੈ ਕਾਟੇ ਮੋਹਾ ਬਿਨਸੇ ਸੋਗ ਸੰਤਾਪੇ ਜੀਉ॥੩॥	(ਬਿਨਸੇ) ਨਾਸ ਹੋਏ। (ਸੋਗ) ਚਿੰਤਾ। (ਸੰਤਾਪੇ) ਦੁੱਖ ਕਲੇਸ਼	Janam Maran Bhai Kaattae Mohaa Binasae Sog Santhaapae Jeeo ||3||	The fear of birth and death has been dispelled; emotional attachment, sorrow and suffering have been erased. ||3||	(ਉਸ ਸਿਮਰਨ ਦੀ ਬਰਕਤਿ ਨਾਲ) ਮੇਰੇ ਜਨਮ ਮਰਨ ਦੇ ਸਾਰੇ ਡਰ ਤੇ ਮੋਹ ਕੱਟੇ ਗਏ ਹਨ, ਮੇਰੇ ਸਾਰੇ ਚਿੰਤਾ ਫ਼ਿਕਰ ਦੁੱਖ-ਕਲੇਸ਼ ਨਾਸ ਹੋ ਗਏ ਹਨ ॥੩॥

4197	104	ਸਾਸਿ ਸਾਸਿ ਨਾਨਕੁ ਸਾਲਾਹੇ॥		Saas Saas Naanak Saalaahae ||	With each and every breath, Nanak praises the Lord.	(ਹੇ ਭਾਈ!) ਨਾਨਕ ਆਪਣੇ ਹਰੇਕ ਸਾਹ ਦੇ ਨਾਲ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ।
4198	104	ਸਿਮਰਤ ਨਾਮੁ ਕਾਟੇ ਸਭਿ ਫਾਹੇ॥		Simarath Naam Kaattae Sabh Faahae ||	Meditating in remembrance on the Name, all bonds are cut away.	ਪ੍ਰਭੂ ਦਾ ਨਾਮ ਸਿਮਰਦਿਆਂ ਮੋਹ ਦੀਆਂ ਫਾਹੀਆਂ ਕੱਟੀਆਂ ਗਈਆਂ ਹਨ।
4199	104	ਪੂਰਨ ਆਸ ਕਰੀ ਖਿਨ ਭੀਤਰਿ ਹਰਿ ਹਰਿ ਹਰਿ ਹਰਿ ਗੁਣ ਜਾਪੇ ਜੀਉ॥੪॥੨੭॥੩੪॥		Pooran Aas Karee Khin Bheethar Har Har Har Gun Jaapae Jeeo ||4||27||34||	One's hopes are fulfilled in an instant, chanting the Glorious Praises of the Lord, Har, Har, Har. ||4||27||34||	(ਨਾਨਕ ਦੀ) ਇਹ ਆਸ ਪ੍ਰਭੂ ਨੇ ਇਕ ਖਿਨ ਵਿਚ ਹੀ ਪੂਰੀ ਕਰ ਦਿੱਤੀ, ਤੇ ਹੁਣ (ਨਾਨਕ) ਹਰ ਵੇਲੇ ਪ੍ਰਭੂ ਦੇ ਹੀ ਗੁਣ ਚੇਤੇ ਕਰਦਾ ਰਹਿੰਦਾ ਹੈ ॥੪॥੨੭॥੩੪॥
4200	104	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4201	104	ਆਉ ਸਾਜਨ ਸੰਤ ਮੀਤ ਪਿਆਰੇ॥		Aao Saajan Santh Meeth Piaarae ||	Come, dear friends, Saints and companions:	ਹੇ ਮੇਰੇ ਪਿਆਰੇ ਮਿੱਤ੍ਰੋ! ਹੇ ਸੰਤ ਜਨੋ! ਹੇ ਮੇਰੇ ਸੱਜਣੋ! ਆਓ,
4202	104	ਮਿਲਿ ਗਾਵਹ ਗੁਣ ਅਗਮ ਅਪਾਰੇ॥		Mil Gaaveh Gun Agam Apaarae ||	Let us join together and sing the Glorious Praises of the Inaccessible and Infinite Lord.	ਅਸੀਂ ਰਲ ਕੇ ਅਪਹੁੰਚ ਤੇ ਬੇਅੰਤ ਪ੍ਰਭੂ ਦੇ ਗੁਣ ਗਾਵੀਏ।

4203	104	ਗਾਵਤ ਸੁਣਤ ਸਭੇ ਹੀ ਮੁਕਤੇ ਸੋ ਧਿਆਈਐ ਜਿਨਿ ਹਮ ਕੀਏ ਜੀਉ॥੧॥		Gaavath Sunath Sabhae Hee Mukathae So Dhhiaaeeai Jin Ham Keeeae Jeeo ||1||	Those who sing and hear these praises are liberated, so let us meditate on the One who created us. ||1||	ਪ੍ਰਭੂ ਦੇ ਗੁਣ ਗਾਵਿਆਂ ਤੇ ਸੁਣਿਆਂ ਸਾਰੇ ਹੀ ਜੀਵ (ਮਾਇਆ ਦੇ ਬੰਧਨਾਂ ਤੋਂ) ਸੁਤੰਤਰ ਹੋ ਜਾਂਦੇ ਹਨ। (ਹੇ ਸੰਤ ਜਨੋ!) ਉਸ ਪਰਮਾਤਮਾ ਦਾ ਧਿਆਨ ਧਰਨਾ ਚਾਹੀਦਾ ਹੈ, ਜਿਸ ਨੇ ਸਾਨੂੰ ਪੈਦਾ ਕੀਤਾ ਹੈ ॥੧॥
4204	104	ਜਨਮ ਜਨਮ ਕੇ ਕਿਲਬਿਖ ਜਾਵਹਿ॥	(ਕਿਲਬਿਖ) ਪਾਪ	Janam Janam Kae Kilabikh Jaavehi ||	The sins of countless incarnations depart,	(ਜੇਹੜੇ ਬੰਦੇ ਪਰਮਾਤਮਾ ਦਾ ਧਿਆਨ ਧਰਦੇ ਹਨ, ਉਹਨਾਂ ਦੇ) ਜਨਮਾਂ ਜਨਮਾਂਤਰਾਂ ਦੇ (ਕੀਤੇ ਹੋਏ) ਪਾਪ ਦੂਰ ਹੋ ਜਾਂਦੇ ਹਨ।
4205	104	ਮਨਿ ਚਿੰਦੇ ਸੇਈ ਫਲ ਪਾਵਹਿ॥		Man Chindhae Saeee Fal Paavehi ||	And we receive the fruits of the mind's desires.	ਜੇਹੜੇ ਫਲ ਉਹ ਆਪਣੇ ਮਨ ਵਿਚ ਚਿਤਵਦੇ ਹਨ, ਉਹੋ ਫਲ ਉਹ ਪ੍ਰਾਪਤ ਕਰ ਲੈਂਦੇ ਹਨ।
4206	104	ਸਿਮਰਿ ਸਾਹਿਬੁ ਸੋ ਸਚੁ ਸੁਆਮੀ ਰਿਜਕੁ ਸਭਸੁ ਕਉ ਦੀਏ ਜੀਉ॥੨॥	(ਰਿਜਕੁ) ਰੋਜ਼ੀ ਰੋਟੀ	Simar Saahib So Sach Suaamee Rijak Sabhas Ko Dheeeae Jeeo ||2||	So meditate on that Lord, our True Lord and Master, who gives sustenance to all. ||2||	(ਹੇ ਭਾਈ!) ਉਸ ਸਦਾ ਕਾਇਮ ਰਹਿਣ ਵਾਲੇ ਮਾਲਕ ਨੂੰ ਸੁਆਮੀ ਨੂੰ ਸਿਮਰ, ਜੇਹੜਾ ਸਭ ਜੀਵਾਂ ਨੂੰ ਰਿਜ਼ਕ ਦੇਂਦਾ ਹੈ ॥੨॥
4207	104	ਨਾਮੁ ਜਪਤ ਸਰਬ ਸੁਖੁ ਪਾਈਐ॥		Naam Japath Sarab Sukh Paaeeai ||	Chanting the Naam, all pleasures are obtained.	(ਹੇ ਭਾਈ!) ਪਰਮਾਤਮਾ ਦਾ ਨਾਮ ਜਪਿਆਂ ਹਰੇਕ ਕਿਸਮ ਦਾ ਸੁਖ ਪ੍ਰਾਪਤ ਹੋ ਜਾਂਦਾ ਹੈ।

4208	104	ਸਭੁ ਭਉ ਬਿਨਸੈ ਹਰਿ ਹਰਿ ਧਿਆਈਐ॥		Sabh Bho Binasai Har Har Dhhiaaeeai ||	All fears are erased, meditating on the Name of the Lord, Har, Har.	(ਹੇ ਭਾਈ!) ਸਦਾ ਪਰਮਾਤਮਾ ਦਾ ਧਿਆਨ ਧਰਨਾ ਚਾਹੀਦਾ ਹੈ, (ਇਸ ਤਰ੍ਹਾਂ ਦੁਨੀਆ ਵਾਲਾ) ਸਾਰਾ ਡਰ ਨਾਸ ਹੋ ਜਾਂਦਾ ਹੈ।
4209	104	ਜਿਨਿ ਸੇਵਿਆ ਸੋ ਪਾਰਗਿਰਾਮੀ ਕਾਰਜ ਸਗਲੇ ਥੀਏ ਜੀਉ॥੩॥	(ਪਾਰ-ਗਿਰਾਮੀ) ਜੀਵਨਮੁਕਤ। (ਥੀਏ) ਹੋ ਗਏ	Jin Saeviaa So Paaragiraamee Kaaraj Sagalae Thheeeae Jeeo ||3||	One who serves the Lord swims across to the other side, and all his affairs are resolved. ||3||	ਜਿਸ ਮਨੁੱਖ ਨੇ ਪਰਮਾਤਮਾ ਦਾ ਸਿਮਰਨ ਕੀਤਾ ਹੈ, ਉਹ ਸੰਸਾਰ-ਸਮੁੰਦਰ ਦੇ ਪਾਰਲੇ ਪਾਸੇ ਪਹੁੰਚਣ ਜੋਗਾ ਹੋ ਜਾਂਦਾ ਹੈ, ਉਸ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ ॥੩॥
4210	104	ਆਇ ਪਇਆ ਤੇਰੀ ਸਰਣਾਈ॥		Aae Paeiaa Thaeree Saranaaee ||	I have come to Your Sanctuary;	(ਹੇ ਪ੍ਰਭੂ!) ਮੈਂ ਆ ਕੇ ਤੇਰੀ ਸਰਨ ਪਿਆ ਹਾਂ।
4211	104	ਜਿਉ ਭਾਵੈ ਤਿਉ ਲੈਹਿ ਮਿਲਾਈ॥		Jio Bhaavai Thio Laihi Milaaee ||	If it pleases You, unite me with You.	ਜਿਵੇਂ ਹੋ ਸਕੇ, ਮੈਨੂੰ ਆਪਣੇ ਚਰਨਾਂ ਵਿਚ ਜੋੜ ਲੈ।
4212	105	ਕਰਿ ਕਿਰਪਾ ਪ੍ਰਭੁ ਭਗਤੀ ਲਾਵਹੁ ਸਚੁ ਨਾਨਕ ਅੰਮ੍ਰਿਤੁ ਪੀਏ ਜੀਉ॥੪॥੨੮॥੩੫॥		Kar Kirapaa Prabh Bhagathee Laavahu Sach Naanak Anmrith Peeeae Jeeo ||4||28||35||	Shower Your Mercy upon me, God; let me be committed to devotional worship. Nanak drinks in the Ambrosial Nectar of Truth. ||4||28||35||	ਹੇ ਨਾਨਕ! (ਆਖ) ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਕਿਰਪਾ ਕਰ ਕੇ ਆਪਣੀ ਭਗਤੀ ਵਿਚ ਜੋੜਦਾ ਹੈਂ, ਉਹ ਤੇਰਾ ਸਦਾ-ਥਿਰ ਰਹਿਣ ਵਾਲਾ ਨਾਮ-ਅੰਮ੍ਰਿਤ ਪੀਂਦਾ ਰਹਿੰਦਾ ਹੈ ॥੪॥੨੮॥੩੫॥
4213	105	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	

4214	105	ਭਏ ਕ੍ਰਿਪਾਲ ਗੋਵਿੰਦ ਗੁਸਾਈ॥	ਗੁਸਾਂਈਂ	Bheae Kirapaal Govindh Gusaaee ||	The Lord of the Universe, the Support of the earth, has become Merciful;	(ਜਦੋਂ) ਸ੍ਰਿਸ਼ਟੀ ਦਾ ਖਸਮ ਪਰਮਾਤਮਾ (ਸਭ ਜੀਵਾਂ ਉੱਤੇ) ਦਇਆਵਾਨ ਹੁੰਦਾ ਹੈ।
4215	105	ਮੇਘੁ ਵਰਸੈ ਸਭਨੀ ਥਾਈ॥	(ਮੇਘੁ) ਬੱਦਲ। ਥਾਂਈਂ	Maegh Varasai Sabhanee Thhaaee ||	The rain is falling everywhere.	(ਤਾਂ) ਬੱਦਲ (ਉੱਚੇ ਨੀਵੇਂ) ਸਭ ਥਾਵਾਂ ਤੇ ਵਰਖਾ ਕਰਦਾ ਹੈ।
4216	105	ਦੀਨ ਦਇਆਲ ਸਦਾ ਕਿਰਪਾਲਾ ਠਾਢਿ ਪਾਈ ਕਰਤਾਰੇ ਜੀਉ॥੧॥		Dheen Dhaeiaal Sadhaa Kirapaalaa Thaadt Paaee Karathaarae Jeeo ||1||	He is Merciful to the meek, always Kind and Gentle; the Creator has brought cooling relief. ||1||	ਉਸ ਕਰਤਾਰ ਨੇ ਜੋ ਦੀਨਾਂ ਉੱਤੇ ਦਇਆ ਕਰਨ ਵਾਲਾ ਹੈ ਜੋ ਸਦਾ ਹੀ ਕਿਰਪਾ ਦਾ ਘਰ ਹੈ (ਸੇਵਕਾਂ ਦੇ ਹਿਰਦੇ ਵਿਚ ਨਾਮ ਦੀ ਬਰਕਤਿ ਨਾਲ) ਸ਼ਾਂਤੀ ਦੀ ਦਾਤ ਬਖ਼ਸ਼ੀ ਹੋਈ ਹੈ ॥੧॥
4217	105	ਅਪੁਨੇ ਜੀਅ ਜੰਤ ਪ੍ਰਤਿਪਾਰੇ॥	(ਪ੍ਰਤਿਪਾਰੇ) ਪਾਲ਼ੇ ਸੰਭਾਲੇ	Apunae Jeea Janth Prathipaarae ||	He cherishes all His beings and creatures,	(ਹੇ ਭਾਈ!) ਪਰਮਾਤਮਾ ਆਪਣੇ (ਪੈਦਾ ਕੀਤੇ) ਸਾਰੇ ਜੀਅ ਜੰਤਾਂ ਦੀ ਪਾਲਣਾ ਕਰਦਾ ਹੈ,
4218	105	ਜਿਉ ਬਾਰਿਕ ਮਾਤਾ ਸੰਮਾਰੇ॥		Jio Baarik Maathaa Sanmaarae ||	As the mother cares for her children.	ਜਿਵੇਂ ਮਾਂ ਆਪਣੇ ਬੱਚਿਆਂ ਦੀ ਸੰਭਾਲ ਕਰਦੀ ਹੈ।
4219	105	ਦੁਖਭੰਜਨ ਸੁਖਸਾਗਰ ਸੁਆਮੀ ਦੇਤ ਸਗਲ ਆਹਾਰੇ ਜੀਉ॥੨॥	(ਆਹਾਰੇ) ਭੋਜਨ	Dhukh Bhanjan Sukh Saagar Suaamee Dhaeth Sagal Aahaarae Jeeo ||2||	The Destroyer of pain, the Ocean of Peace, the Lord and Master gives sustenance to all. ||2||	(ਸਭ ਦੇ) ਦੁੱਖਾਂ ਦਾ ਨਾਸ ਕਰਨ ਵਾਲੇ ਤੇ ਸੁਖਾਂ ਦਾ ਸਮੁੰਦਰ ਮਾਲਕ-ਪ੍ਰਭੂ ਸਭ ਜੀਵਾਂ ਨੂੰ ਖ਼ੁਰਾਕ ਦੇਂਦਾ ਹੈ ॥੨॥

4220	105	ਜਲਿ ਥਲਿ ਪੂਰਿ ਰਹਿਆ ਮਿਹਰਵਾਨਾ॥		Jal Thhal Poor Rehiaa Miharavaanaa ||	The Merciful Lord is totally pervading and permeating the water and the land.	(ਹੇ ਭਾਈ!) ਮਿਹਰ ਕਰਨ ਵਾਲਾ ਪਰਮਾਤਮਾ ਪਾਣੀ ਵਿਚ ਧਰਤੀ ਵਿਚ (ਹਰ ਥਾਂ) ਵਿਆਪ ਰਿਹਾ ਹੈ।
4221	105	ਸਦ ਬਲਿਹਾਰਿ ਜਾਈਐ ਕੁਰਬਾਨਾ॥		Sadh Balihaar Jaaeeai Kurabaanaa ||	I am forever devoted, a sacrifice to Him.	ਉਸ ਤੋਂ ਸਦਾ ਸਦਕੇ ਜਾਣਾ ਚਾਹੀਦਾ ਹੈ, ਕੁਰਬਾਨ ਹੋਣਾ ਚਾਹੀਦਾ ਹੈ।
4222	105	ਰੈਣਿ ਦਿਨਸੁ ਤਿਸੁ ਸਦਾ ਧਿਆਈ ਜਿ ਖਿਨ ਮਹਿ ਸਗਲ ਉਧਾਰੇ ਜੀਉ॥੩॥		Rain Dhinas This Sadhaa Dhhiaaee J Khin Mehi Sagal Oudhhaarae Jeeo ||3||	Night and day, I always meditate on Him; in an instant, He saves all. ||3||	(ਹੇ ਭਾਈ!) ਜੇਹੜਾ ਪਰਮਾਤਮਾ ਸਭ ਜੀਵਾਂ ਨੂੰ ਇਕ ਖਿਨ ਵਿਚ (ਸੰਸਾਰ-ਸਮੁੰਦਰ ਤੋਂ) ਬਚਾ ਸਕਦਾ ਹੈ, ਉਸ ਨੂੰ ਦਿਨ ਰਾਤ ਹਰ ਵੇਲੇ ਸਿਮਰਨਾ ਚਾਹੀਦਾ ਹੈ ॥੩॥
4223	105	ਰਾਖਿ ਲੀਏ ਸਗਲੇ ਪ੍ਰਭਿ ਆਪੇ॥		Raakh Leeeae Sagalae Prabh Aapae ||	God Himself protects all;	(ਜੇਹੜੇ ਜੇਹੜੇ ਵਡਭਾਗੀ ਪ੍ਰਭੂ ਦੀ ਸਰਨ ਆਏ,) ਪ੍ਰਭੂ ਨੇ ਉਹ ਸਾਰੇ ਆਪ (ਦੁੱਖ-ਕਲੇਸ਼ਾਂ ਤੋਂ) ਬਚਾ ਲਏ।
4224	105	ਉਤਰਿ ਗਏ ਸਭ ਸੋਗ ਸੰਤਾਪੇ॥		Outhar Geae Sabh Sog Santhaapae ||	He drives out all sorrow and suffering.	ਉਹਨਾਂ ਦੇ ਸਾਰੇ ਚਿੰਤਾ-ਫ਼ਿਕਰ ਸਾਰੇ ਦੁੱਖ-ਕਲੇਸ਼ ਦੂਰ ਹੋ ਗਏ।

4225	105	ਨਾਮੁ ਜਪਤ ਮਨੁ ਤਨੁ ਹਰੀਆਵਲੁ ਪ੍ਰਭ ਨਾਨਕ ਨਦਰਿ ਨਿਹਾਰੇ ਜੀਉ ॥੪॥੨੯॥੩੬॥	(ਨਦਰਿ) ਮਿਹਰ ਦੀ ਨਿਗ੍ਹਾ ਨਾਲ (ਨਿਹਾਰੇ) ਦੇਖੋ। ਹਰੀ-ਆਵਲੁ: ਬਿਹਾਰੀ ਦੱਬ ਕੇ ਬੋਲੋ	Naam Japath Man Than Hareeaaval Prabh Naanak Nadhar Nihaarae Jeeo ||4||29||36||	Chanting the Naam, the Name of the Lord, the mind and body are rejuvenated. O Nanak, God has bestowed His Glance of Grace. ||4||29||36||	ਪਰਮਾਤਮਾ ਦਾ ਨਾਮ ਜਪਿਆਂ ਮਨੁੱਖ ਦਾ ਮਨ ਮਨੁੱਖ ਦਾ ਸਰੀਰ (ਉੱਚੇ ਆਤਮਕ ਜੀਵਨ ਦੀ) ਹਰਿਆਵਲ (ਦਾ ਸਰੂਪ) ਬਣ ਜਾਂਦਾ ਹੈ। ਹੇ ਨਾਨਕ! (ਅਰਦਾਸ ਕਰ ਤੇ ਆਖ-) ਹੇ ਪ੍ਰਭੂ! (ਮੇਰੇ ਉਤੇ ਭੀ) ਮਿਹਰ ਦੀ ਨਿਗਾਹ ਕਰ (ਮੈਂ ਭੀ ਤੇਰਾ ਨਾਮ ਸਿਮਰਦਾ ਰਹਾਂ) ॥੪॥੨੯॥੩੬॥
4226	105	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4227	105	ਜਿਥੈ ਨਾਮੁ ਜਪੀਐ ਪ੍ਰਭ ਪਿਆਰੇ॥		Jithhai Naam Japeeai Prabh Piaarae ||	Where the Naam, the Name of God the Beloved is chanted	(ਹੇ ਭਾਈ!) ਜਿਸ ਥਾਂ ਤੇ ਪਿਆਰੇ ਪ੍ਰਭੂ ਦਾ ਨਾਮ ਸਿਮਰਦੇ ਰਹੀਏ,
4228	105	ਸੇ ਅਸਥਲ ਸੋਇਨ ਚਉਬਾਰੇ॥	(ਅਸਥਲ) ਉੱਜੜੇ ਥਾਂ। (ਸੋਇਨ) ਸੋਨੇ ਦੇ	Sae Asathhal Soein Choubaarae ||	Those barren places become mansions of gold.	ਉਹ ਰੜੇ ਥਾਂ ਭੀ (ਮਾਨੋ) ਸੋਨੇ ਦੇ ਚੁਬਾਰੇ ਹਨ।
4229	105	ਜਿਥੈ ਨਾਮੁ ਨ ਜਪੀਐ ਮੇਰੇ ਗੋਇਦਾ ਸੇਈ ਨਗਰ ਉਜਾੜੀ ਜੀਉ॥	ਨੱਗਰ	Jithhai Naam N Japeeai Maerae Goeidhaa Saeee Nagar Oujaarree Jeeo ||1||	Where the Naam, the Name of my Lord of the Universe is not chanted-those towns are like the barren wilderness. ||1||	ਪਰ, ਹੇ ਮੇਰੇ ਗੋਬਿੰਦ! ਜਿਸ ਥਾਂ ਤੇਰਾ ਨਾਮ ਨਾਹ ਜਪਿਆ ਜਾਏ, ਉਹ (ਵੱਸਦੇ) ਸ਼ਹਿਰ ਭੀ ਉਜਾੜ (ਸਮਾਨ) ਹਨ ॥੧॥

4230	105	ਹਰਿ ਰੁਖੀ ਰੋਟੀ ਖਾਇ ਸਮਾਲੇ॥		Har Rukhee Rottee Khaae Samaalae ||	One who meditates as he eats dry bread,	(ਹੇ ਭਾਈ!) ਜੇਹੜਾ ਮਨੁੱਖ ਰੁੱਖੀ ਰੋਟੀ ਖਾ ਕੇ (ਭੀ) ਪਰਮਾਤਮਾ (ਦਾ ਨਾਮ ਆਪਣੇ ਹਿਰਦੇ ਵਿਚ) ਸਾਂਭ ਕੇ ਰੱਖਦਾ ਹੈ,
4231	105	ਹਰਿ ਅੰਤਰਿ ਬਾਹਰਿ ਨਦਰਿ ਨਿਹਾਲੇ॥	ਬਾ-ਹਰਿ: ਹ ਮੁਕਤਾ, ਰ ਸਿਹਾਰੀ ਲਾ ਕੇ	Har Anthar Baahar Nadhar Nihaalae ||	Sees the Blessed Lord inwardly and outwardly.	ਪਰਮਾਤਮਾ ਉਸਦੇ ਅੰਦਰ ਬਾਹਰ ਹਰ ਥਾਂ ਉਸ ਉੱਤੇ ਆਪਣੀ ਮਿਹਰ ਦੀ ਨਿਗਾਹ ਰੱਖਦਾ ਹੈ।
4232	105	ਖਾਇ ਖਾਇ ਕਰੇ ਬਦਫੈਲੀ ਜਾਣੁ ਵਿਸੂ ਕੀ ਵਾੜੀ ਜੀਉ॥੨॥	ਬਦ-ਫੈਲੀ:ਪੋਲਾ ਬੋਲੋ। (ਬਦਫੈਲੀ) ਖੋਟੀ ਕਰਤੂਤ। (ਵਿਸੂ) ਜ਼ਹਿਰ। (ਵਾੜੀ) ਬਗੀਚੀ ਰੂਪੀ ਸੰਸਾਰ	Khaae Khaae Karae Badhafailee Jaan Visoo Kee Vaarree Jeeo ||2||	Know this well, that one who eats and eats while practicing evil, is like a field of poisonous plants. ||2||	ਜੇਹੜਾ ਮਨੁੱਖ ਦੁਨੀਆ ਦੇ ਪਦਾਰਥ ਖਾ ਖਾ ਕੇ ਬੁਰੇ ਕੰਮ ਹੀ ਕਰਦਾ ਰਹਿੰਦਾ ਹੈ, ਉਸ ਨੂੰ ਜ਼ਹਿਰ ਦੀ ਬਗ਼ੀਚੀ ਜਾਣੋ ॥੨॥
4233	105	ਸੰਤਾ ਸੇਤੀ ਰੰਗੁ ਨ ਲਾਏ॥		Santhaa Saethee Rang N Laaeae ||	One who does not feel love for the Saints,	ਜੇਹੜਾ ਮਨੁੱਖ ਸੰਤ ਜਨਾਂ ਨਾਲ ਪ੍ਰੇਮ ਨਹੀਂ ਬਣਾਂਦਾ,
4234	105	ਸਾਕਤ ਸੰਗਿ ਵਿਕਰਮ ਕਮਾਏ॥	(ਵਿ-ਕਰਮ) ਮੰਦੇ ਕਰਮ	Saakath Sang Vikaram Kamaaeae ||	Misbehaves in the company of the wicked shaaktas, the faithless cynics;	ਤੇ ਪਰਮਾਤਮਾ ਨਾਲੋਂ ਟੁੱਟੇ ਹੋਏ ਬੰਦਿਆਂ ਨਾਲ (ਰਲ ਕੇ) ਮੰਦੇ ਕਰਮ ਕਰਦਾ ਰਹਿੰਦਾ ਹੈ,

4235	105	ਦੁਲਭ ਦੇਹ ਖੋਈ ਅਗਿਆਨੀ ਜੜ ਅਪੁਣੀ ਆਪਿ ਉਪਾੜੀ ਜੀਉ॥੩॥	(ਦੁ-ਲਭ) ਕਠਨ ਲੱਭਣ ਵਾਲੀ ਅਮੋਲਕ ਦੇਹ। (ਉਪਾੜੀ) ਪੁੱਟੀ	Dhulabh Dhaeh Khoee Agiaanee Jarr Apunee Aap Oupaarree Jeeo ||3||	He wastes this human body, so difficult to obtain. In his ignorance, he tears up his own roots. ||3||	ਉਸ ਬੇ-ਸਮਝ ਨੇ ਇਹ ਅਤਿ ਕੀਮਤੀ ਸਰੀਰ ਵਿਅਰਥ ਗਵਾ ਲਿਆ, ਉਹ ਆਪਣੀਆਂ ਜੜ੍ਹਾਂ ਆਪ ਹੀ ਵੱਢ ਰਿਹਾ ਹੈ ॥੩॥
4236	105	ਤੇਰੀ ਸਰਣਿ ਮੇਰੇ ਦੀਨ ਦਇਆਲਾ॥		Thaeree Saran Maerae Dheen Dhaeiaalaa ||	I seek Your Sanctuary, O my Lord, Merciful to the meek,	ਹੇ ਦੀਨਾਂ ਉੱਤੇ ਦਇਆ ਕਰਨ ਵਾਲੇ ਮੇਰੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ।
4237	105	ਸੁਖਸਾਗਰ ਮੇਰੇ ਗੁਰ ਗੋਪਾਲਾ॥		Sukh Saagar Maerae Gur Gopaalaa ||	Ocean of Peace, my Guru, Sustainer of the world.	ਹੇ ਸੁਖਾਂ ਦੇ ਸਮੁੰਦਰ! ਹੇ ਸ੍ਰਿਸ਼ਟੀ ਦੇ ਸਭ ਤੋਂ ਵੱਡੇ ਪਾਲਕ!
4238	105	ਕਰਿ ਕਿਰਪਾ ਨਾਨਕੁ ਗੁਣ ਗਾਵੈ ਰਾਖਹੁ ਸਰਮ ਅਸਾੜੀ ਜੀਉ॥੪॥੩੦॥੩੭॥	(ਸਰਮ) ਲਾਜ। (ਅਸਾੜੀ) ਸਾਡੀ	Kar Kirapaa Naanak Gun Gaavai Raakhahu Saram Asaarree Jeeo ||4||30||37||	Shower Your Mercy upon Nanak, that he may sing Your Glorious Praises; please, preserve my honor. ||4||30||37||	ਮਿਹਰ ਕਰੋ (ਤੇਰਾ ਦਾਸ) ਨਾਨਕ ਤੇਰੇ ਗੁਣ ਗਾਂਦਾ ਰਹੇ। (ਹੇ ਪ੍ਰਭੂ!) ਸਾਡੀ ਲਾਜ ਰੱਖੇ (ਅਸੀਂ ਵਿਕਾਰਾਂ ਵਿਚ ਖ਼ੁਆਰ ਨਾਹ ਹੋਵੀਏ) ॥੪॥੩੦॥੪੭॥
4239	105	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4240	105	ਚਰਣ ਠਾਕੁਰ ਕੇ ਰਿਦੈ ਸਮਾਣੇ॥		Charan Thaakur Kae Ridhai Samaanae ||	I cherish in my heart the Feet of my Lord and Master.	ਜਿਸ ਦੇ ਹਿਰਦੇ ਵਿਚ ਪਾਲਣਹਾਰ ਪ੍ਰਭੂ ਦੇ ਚਰਨ (ਸਦਾ) ਟਿਕੇ ਰਹਿੰਦੇ ਹਨ,

4241	105	ਕਲਿ ਕਲੇਸ ਸਭ ਦੂਰਿ ਪਇਆਣੇ॥	(ਕਲਿ) ਕਲਪਣਾ, ਕਲਜੁੱਗ ਭਾਵ ਸਮੂਹ ਔਗੁਣ (ਕਲੇਸ) ਝਗੜੇ। (ਪਇਆਣੇ) ਚਲੇ ਗਏ	Kal Kalaes Sabh Dhoor Paeiaanae ||	All my troubles and sufferings have run away.	ਉਸ ਦੇ ਅੰਦਰੋਂ ਸਭ ਤਰ੍ਹਾਂ ਦੇ ਝਗੜੇ ਦੁੱਖ ਕਲੇਸ਼ ਕੂਚ ਕਰ ਜਾਂਦੇ ਹਨ
4242	105	ਸਾਂਤਿ ਸੂਖ ਸਹਜ ਧੁਨਿ ਉਪਜੀ ਸਾਧੂਸੰਗਿ ਨਿਵਾਸਾ ਜੀਉ॥੧॥		Saanth Sookh Sehaj Dhhun Oupajee Saadhhoo Sang Nivaasaa Jeeo ||1||	The music of intuitive peace, poise and tranquility wells up within; I dwell in the Saadh Sangat, the Company of the Holy. ||1||	ਉਸ ਦੇ ਹਿਰਦੇ ਵਿਚ ਸ਼ਾਂਤ ਆਤਮਕ ਆਨੰਦ ਆਤਮਕ ਅਡੋਲਤਾ ਦੀ ਲਹਿਰ ਪੈਦਾ ਹੋ ਜਾਂਦੀ ਹੈ ਅਤੇ ਉਸ ਦਾ ਨਿਵਾਸ ਗੁਰੂ ਦੀ ਸੰਗਤਿ ਵਿਚ ਬਣਿਆ ਰਹਿੰਦਾ ਹੈ ॥੧॥
4243	105	ਲਾਗੀ ਪ੍ਰੀਤਿ ਨ ਤੂਟੈ ਮੂਲੇ॥		Laagee Preeth N Thoottai Moolae ||	The bonds of love with the Lord are never broken.	ਪ੍ਰਭੂ ਚਰਨਾਂ ਨਾਲ ਲੱਗੀ ਹੋਈ ਉਸ ਦੀ ਪ੍ਰੀਤਿ ਉੱਕਾ ਹੀ ਨਹੀਂ ਟੁੱਟਦੀ,
4244	105	ਹਰਿ ਅੰਤਰਿ ਬਾਹਰਿ ਰਹਿਆ ਭਰਪੂਰੇ॥		Har Anthar Baahar Rehiaa Bharapoorae ||	The Lord is totally permeating and pervading inside and out.	ਤੇ ਉਸ ਨੂੰ ਆਪਣੇ ਅੰਦਰ ਤੇ ਬਾਹਰ ਜਗਤ ਵਿਚ ਹਰ ਥਾਂ ਪਰਮਾਤਮਾ ਹੀ ਵਿਆਪਕ ਦਿੱਸਦਾ ਹੈ
4245	105	ਸਿਮਰਿ ਸਿਮਰਿ ਸਿਮਰਿ ਗੁਣ ਗਾਵਾ ਕਾਟੀ ਜਮ ਕੀ ਫਾਸਾ ਜੀਉ॥੨॥		Simar Simar Simar Gun Gaavaa Kaattee Jam Kee Faasaa Jeeo ||2||	Meditating, meditating, meditating in remembrance on Him, singing His Glorious Praises, the noose of death is cut away. ||2||	ਜੇਹੜਾ ਮਨੁੱਖ ਸਦਾ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਉਸ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਉਸ ਦੀ ਜਮਾਂ ਦੀ ਫਾਹੀ ਕੱਟੀ ਜਾਂਦੀ ਹੈ ॥੨॥

4246	105	ਅੰਮ੍ਰਿਤੁ ਵਰਖੈ ਅਨਹਦ ਬਾਣੀ॥		Anmrith Varakhai Anehadh Baanee ||	The Ambrosial Nectar, the Unstruck Melody of Gurbani rains down continually;	ਉਹਨਾਂ ਦੇ ਅੰਦਰ ਸਿਫ਼ਤ-ਸਾਲਾਹ ਦੀ ਬਾਣੀ ਦੀ ਬਰਕਤਿ ਨਾਲ ਇਕ-ਰਸ ਨਾਮ ਅੰਮ੍ਰਿਤ ਦੀ ਵਰਖਾ ਹੁੰਦੀ ਹੈ,
4247	105	ਮਨ ਤਨ ਅੰਤਰਿ ਸਾਂਤਿ ਸਮਾਣੀ॥		Man Than Anthar Saanth Samaanee ||	Deep within my mind and body, peace and tranquility have come.	ਉਹਨਾਂ ਦੇ ਮਨ ਵਿਚ ਉਹਨਾਂ ਦੇ ਸਰੀਰ ਵਿਚ (ਗਿਆਨ-ਇੰਦ੍ਰਿਆਂ ਵਿਚ) ਸ਼ਾਂਤੀ ਟਿਕੀ ਰਹਿੰਦੀ ਹੈ
4248	105	ਤ੍ਰਿਪਤਿ ਅਘਾਇ ਰਹੇ ਜਨ ਤੇਰੇ ਸਤਿਗੁਰਿ ਕੀਆ ਦਿਲਾਸਾ ਜੀਉ॥੩॥	(ਅਘਾਇ) ਸੰਤੁਸ਼ਟ। (ਦਿਲਾਸਾ) ਭਰੋਸਾ	Thripath Aghaae Rehae Jan Thaerae Sathigur Keeaa Dhilaasaa Jeeo ||3||	Your humble servants remain satisfied and fulfilled, and the True Guru blesses them with encouragement and comfort. ||3||	ਹੇ ਪ੍ਰਭੂ! (ਜਿਨ੍ਹਾਂ ਵਡ-ਭਾਗੀਆਂ ਨੂੰ ਵਿਕਾਰਾਂ ਦਾ ਟਾਕਰਾ ਕਰਨ ਲਈ) ਗੁਰੂ ਨੇ ਹੌਸਲਾ ਦਿੱਤਾ, ਉਹ ਤੇਰੇ ਸੇਵਕ (ਮਾਇਆ ਦੀ ਤ੍ਰਿਸ਼ਨਾ ਵਲੋਂ) ਪੂਰਨ ਤੌਰ ਤੇ ਰੱਜ ਜਾਂਦੇ ਹਨ ॥੩॥
4249	105	ਜਿਸ ਕਾ ਸਾ ਤਿਸ ਤੇ ਫਲੁ ਪਾਇਆ॥		Jis Kaa Saa This Thae Fal Paaeiaa ||	We are His, and from Him, we receive our rewards.	ਉਸ ਨੇ ਉਸ ਪ੍ਰਭੂ ਤੋਂ ਜੀਵਨ ਮਨੋਰਥ ਪ੍ਰਾਪਤ ਕਰ ਲਿਆ ਜਿਸ ਦਾ ਉਹ ਭੇਜਿਆ ਹੋਇਆ ਹੈ।
4250	105	ਕਰਿ ਕਿਰਪਾ ਪ੍ਰਭ ਸੰਗਿ ਮਿਲਾਇਆ॥		Kar Kirapaa Prabh Sang Milaaeiaa ||	Showering His Mercy upon us, God has united us with Him.	(ਗੁਰੂ ਨੇ) ਕਿਰਪਾ ਕਰਕੇ (ਜਿਸ ਮਨੁੱਖ ਨੂੰ) ਪ੍ਰਭੂ ਦੇ ਚਰਨਾਂ ਵਿਚ ਜੋੜ ਦਿੱਤਾ,

4251	105	ਆਵਣ ਜਾਣ ਰਹੇ ਵਡਭਾਗੀ ਨਾਨਕ ਪੂਰਨ ਆਸਾ ਜੀਉ॥੪॥੩੧॥੩੮॥		Aavan Jaan Rehae Vaddabhaagee Naanak Pooran Aasaa Jeeo ||4||31||38||	Our comings and goings have ended, and through great good fortune, O Nanak, our hopes are fulfilled. ||4||31||38||	ਹੇ ਨਾਨਕ! ਉਸ ਵਡਭਾਗੀ ਮਨੁੱਖ ਦੇ ਜਨਮ ਮਰਨ ਦੇ ਗੇੜ ਮੁੱਕ ਗਏ, ਉਸ ਦੀਆਂ ਆਸਾਂ ਪੂਰੀਆਂ ਹੋ ਗਈਆਂ (ਭਾਵ, ਆਸਾ ਤ੍ਰਿਸ਼ਨਾ ਆਦਿਕ ਉਸ ਨੂੰ ਪੋਹ ਨਹੀਂ ਸਕਦੀਆਂ) ॥੪॥੩੧॥੩੮॥
4252	105	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4253	105	ਮੀਹੁ ਪਇਆ ਪਰਮੇਸਰਿ ਪਾਇਆ॥		Meehu Paeiaa Paramaesar Paaeiaa ||	The rain has fallen; I have found the Transcendent Lord God.	(ਜਿਵੇਂ ਜਦੋਂ) ਮੀਂਹ ਪਿਆ (ਜਦੋਂ) ਪਰਮੇਸ਼ਰ ਨੇ ਮੀਂਹ ਪਾਇਆ,
4254	105	ਜੀਅ ਜੰਤ ਸਭਿ ਸੁਖੀ ਵਸਾਇਆ॥		Jeea Janth Sabh Sukhee Vasaaeiaa ||	All beings and creatures dwell in peace.	ਤਾਂ ਉਸ ਨੇ ਸਾਰੇ ਜੀਅ ਜੰਤ ਸੁਖੀ ਵਸਾ ਦਿੱਤੇ।
4255	105	ਗਇਆ ਕਲੇਸੁ ਭਇਆ ਸੁਖੁ ਸਾਚਾ ਹਰਿ ਹਰਿ ਨਾਮੁ ਸਮਾਲੀ ਜੀਉ॥੧॥	ਗ-ਇਆ	Gaeiaa Kalaes Bhaeiaa Sukh Saachaa Har Har Naam Samaalee Jeeo ||1||	Suffering has been dispelled, and true happiness has dawned, as we meditate on the Name of the Lord, Har, Har. ||1||	(ਤਿਵੇਂ ਜਿਉਂ ਜਿਉਂ) ਮੈਂ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਂਦਾ ਹਾਂ ਮੇਰੇ ਅੰਦਰੋਂ ਦੁੱਖ ਕਲੇਸ਼ ਖ਼ਤਮ ਹੁੰਦਾ ਜਾਂਦਾ ਹੈ ਤੇ ਸਦਾ-ਥਿਰ ਰਹਿਣ ਵਾਲਾ ਆਤਮਕ ਆਨੰਦ, ਮੇਰੇ ਅੰਦਰ ਟਿਕਦਾ ਜਾਂਦਾ ਹੈ ॥੧॥

4256	105	ਜਿਸ ਕੇ ਸੇ ਤਿਨ ਹੀ ਪ੍ਰਤਿਪਾਰੇ॥		Jis Kae Sae Thin Hee Prathipaarae ||	The One, to whom we belong, cherishes and nurtures us.	(ਜਿਵੇਂ ਮੀਂਹ ਪਾ ਕੇ) ਪਾਰਬ੍ਰਹਮ ਪ੍ਰਭੂ ਉਹਨਾਂ ਸਾਰੇ ਜੀਅ ਜੰਤਾਂ ਦੀ ਪਾਲਣਾ ਕਰਦਾ ਹੈ ਜੋ ਉਸ ਦੇ ਪੈਦਾ ਕੀਤੇ ਹੋਏ ਹਨ।
4257	105	ਪਾਰਬ੍ਰਹਮ ਪ੍ਰਭ ਭਏ ਰਖਵਾਰੇ॥		Paarabreham Prabh Bheae Rakhavaarae ||	The Supreme Lord God has become our Protector.	ਪਾਰਬ੍ਰਹਮ ਪ੍ਰਭੂ ਸਭਨਾਂ ਦਾ ਰਾਖਾ ਬਣਦਾ ਹੈ।
4258	105	ਸੁਣੀ ਬੇਨੰਤੀ ਠਾਕੁਰਿ ਮੇਰੈ ਪੂਰਨ ਹੋਈ ਘਾਲੀ ਜੀਉ॥੨॥	(ਘਾਲੀ) ਕਮਾਈ	Sunee Baenanthee Thaakur Maerai Pooran Hoee Ghaalee Jeeo ||2||	My Lord and Master has heard my prayer; my efforts have been rewarded. ||2||	(ਤਿਵੇਂ ਉਸ ਦੇ ਨਾਮ ਦੀ ਵਰਖਾ ਵਾਸਤੇ ਜਦੋਂ ਜਦੋਂ ਮੈਂ ਬੇਨਤੀ ਕੀਤੀ ਤਾਂ) ਮੇਰੇ ਪਾਲਣਹਾਰ ਪ੍ਰਭੂ ਨੇ ਮੇਰੀ ਬੇਨਤੀ ਸੁਣੀ ਤੇ ਮੇਰੀ (ਸੇਵਾ ਭਗਤੀ ਦੀ) ਮਿਹਨਤ ਸਿਰੇ ਚੜ੍ਹ ਗਈ ॥੨॥
4259	106	ਸਰਬ ਜੀਆ ਕਉ ਦੇਵਣਹਾਰਾ॥		Sarab Jeeaa Ko Dhaevanehaaraa ||	He is the Giver of all souls.	ਜੇਹੜਾ ਪ੍ਰਭੂ ਸਭ ਜੀਵਾਂ ਨੂੰ ਦਾਤਾਂ ਦੇਣ ਦੀ ਸਮਰੱਥਾ ਰੱਖਦਾ ਹੈ,
4260	106	ਗੁਰ ਪਰਸਾਦੀ ਨਦਰਿ ਨਿਹਾਰਾ॥	(ਨਦਰਿ) ਮਿਹਰ ਦੀ ਨਿਗ੍ਹਾ ਨਾਲ (ਨਿਹਾਰਾ) ਦੇਖਿਆ	Gur Parasaadhee Nadhar Nihaaraa ||	By Guru's Grace, He blesses us with His Glance of Grace.	ਉਸ ਪ੍ਰਭੂ ਨੇ ਗੁਰੂ ਦੀ ਕਿਰਪਾ ਨਾਲ (ਮੈਨੂੰ ਭੀ) ਮਿਹਰ ਦੀ ਨਿਗਾਹ ਨਾਲ ਤੱਕਿਆ,

4261	106	ਜਲ ਥਲ ਮਹੀਅਲ ਸਭਿ ਤ੍ਰਿਪਤਾਣੇ ਸਾਧੂ ਚਰਨ ਪਖਾਲੀ ਜੀਉ॥੩॥	(ਜਲ) ਪਾਣੀ (ਥਲ) ਮਾਰੂਥਲ (ਮਹੀਅਲਿ) (ਮਹੀ+ਅਲਿ) (ਮਹੀ) ਪ੍ਰਿਥਵੀ (ਅਲਿ) ਅਕਾਸ਼ (ਤ੍ਰਿਪਤਾਣੇ) ਤ੍ਰਿਪਤ ਹੋਏ। (ਪਖਾਲੀ) ਧੋਣੇ	Jal Thhal Meheeal Sabh Thripathaanae Saadhhoo Charan Pakhaalee Jeeo ||3||	The beings in the water, on the land and in the sky are all satisfied; I wash the Feet of the Holy. ||3||	(ਜਿਸ ਦੀ ਕਿਰਪਾ ਨਾਲ) ਪਾਣੀ ਧਰਤੀ ਤੇ ਧਰਤੀ ਦੇ ਉਪਰਲੇ ਪੁਲਾੜ (ਦੇ) ਸਾਰੇ ਜੀਅ ਜੰਤ ਉਸ ਦੀਆਂ ਦਾਤਾਂ ਨਾਲ) ਰੱਜ ਰਹੇ ਹਨ, (ਉਸ ਨੇ ਮੇਰੇ ਹਿਰਦੇ ਵਿਚ ਨਾਮ ਵਰਖਾ ਕਰਕੇ ਮੈਨੂੰ ਮਾਇਆ ਦੀ ਤ੍ਰਿਸ਼ਨਾ ਵਲੋਂ ਰਜਾ ਦਿੱਤਾ, ਤਾਹੀਏਂ) ਮੈਂ ਗੁਰੂ ਦੇ ਚਰਨ ਧੋਂਦਾ ਹਾਂ ॥੩॥
4262	106	ਮਨ ਕੀ ਇਛ ਪੁਜਾਵਣਹਾਰਾ॥	ਇੱਛ	Man Kee Eishh Pujaavanehaaraa ||	He is the Fulfiller of the desires of the mind.	ਪਰਮਤਾਮਾ ਸਭ ਜੀਵਾਂ ਦੇ ਮਨ ਦੀ ਕਾਮਨਾ ਪੂਰੀ ਕਰਨ ਵਾਲਾ ਹੈ।
4263	106	ਸਦਾ ਸਦਾ ਜਾਈ ਬਲਿਹਾਰਾ॥		Sadhaa Sadhaa Jaaee Balihaaraa ||	Forever and ever, I am a sacrifice to Him.	ਮੈਂ ਉਸ ਤੋਂ ਸਦਾ ਹੀ ਸਦਾ ਹੀ ਸਦਕੇ ਜਾਂਦਾ ਹਾਂ।
4264	106	ਨਾਨਕ ਦਾਨੁ ਕੀਆ ਦੁਖਭੰਜਨਿ ਰਤੇ ਰੰਗਿ ਰਸਾਲੀ ਜੀਉ ॥੪॥੩੨॥੩੯॥	(ਰਸਾਲੀ) ਸੁੰਦਰ ਰਸਾਂ ਦੇ ਘਰ ਵਾਹਿਗੁਰੂ ਜੀ	Naanak Dhaan Keeaa Dhukh Bhanjan Rathae Rang Rasaalee Jeeo ||4||32||39||	O Nanak, the Destroyer of pain has given this Gift; I am imbued with the Love of the Delightful Lord. ||4||32||39||	ਹੇ ਨਾਨਕ! (ਜੀਵਾਂ ਦੇ) ਦੁੱਖ ਨਾਸ ਕਰਨ ਵਾਲੇ ਪ੍ਰਭੂ ਨੇ (ਜਿਨ੍ਹਾਂ ਨੂੰ ਨਾਮ ਦੀ) ਦਾਤ ਬਖ਼ਸ਼ੀ ਉਹ ਉਸ ਸਾਰੇ ਰਸਾਂ ਦੇ ਮਾਲਕ ਪ੍ਰਭੂ ਦੇ ਪ੍ਰੇਮ ਵਿਚ ਰੰਗੇ ਗਏ ॥੪॥੩੨॥੩੯॥
4265	106	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	

4266	106	ਮਨੁ ਤਨੁ ਤੇਰਾ ਧਨੁ ਭੀ ਤੇਰਾ॥		Man Than Thaeraa Dhhan Bhee Thaeraa ||	Mind and body are Yours; all wealth is Yours.	ਹੇ ਸ੍ਰਿਸ਼ਟੀ ਦੇ ਪਾਲਕ! ਮੈਨੂੰ ਇਹ ਮਨ (ਜਿੰਦ) ਇਹ ਸਰੀਰ ਤੈਥੋਂ ਹੀ ਮਿਲਿਆ ਹੈ, (ਇਹ) ਧਨ ਭੀ ਤੇਰਾ ਹੀ ਦਿੱਤਾ ਹੋਇਆ ਹੈ।
4267	106	ਤੂੰ ਠਾਕੁਰੁ ਸੁਆਮੀ ਪ੍ਰਭੁ ਮੇਰਾ॥		Thoon Thaakur Suaamee Prabh Maeraa ||	You are my God, my Lord and Master.	ਤੂੰ ਮੇਰਾ ਪਾਲਣਹਾਰ ਹੈਂ, ਤੂੰ ਮੇਰਾ ਸੁਆਮੀ ਹੈਂ, ਤੂੰ ਮੇਰਾ ਮਾਲਕ ਹੈਂ।
4268	106	ਜੀਉ ਪਿੰਡੁ ਸਭੁ ਰਾਸਿ ਤੁਮਾਰੀ ਤੇਰਾ ਜੋਰੁ ਗੋਪਾਲਾ ਜੀਉ॥੧॥		Jeeo Pindd Sabh Raas Thumaaree Thaeraa Jor Gopaalaa Jeeo ||1||	Body and soul and all riches are Yours. Yours is the Power, O Lord of the World. ||1||	ਇਹ ਜਿੰਦ ਇਹ ਸਰੀਰ ਸਭ ਤੇਰਾ ਹੀ ਦਿੱਤਾ ਹੋਇਆ ਹੈ, ਹੇ ਗੋਪਾਲ! ਮੈਨੂੰ ਤੇਰਾ ਹੀ ਮਾਣ ਤਾਣ ਹੈ ॥੧॥
4269	106	ਸਦਾ ਸਦਾ ਤੂੰਹੈ ਸੁਖਦਾਈ॥		Sadhaa Sadhaa Thoonhai Sukhadhaaee ||	Forever and ever, You are the Giver of Peace.	ਹੇ ਦਇਆਲ ਪ੍ਰਭੂ! ਸਦਾ ਤੋਂ ਹੀ ਸਦਾ ਤੋਂ ਹੀ ਮੈਨੂੰ ਤੂੰ ਹੀ ਸੁਖ ਦੇਣ ਵਾਲਾ ਹੈਂ।
4270	106	ਨਿਵਿ ਨਿਵਿ ਲਾਗਾ ਤੇਰੀ ਪਾਈ॥	ਲਾਗਾਂ ਪਾਈਂ	Niv Niv Laagaa Thaeree Paaee ||	I bow down and fall at Your Feet.	ਮੈਂ ਸਦਾ ਨਿਉਂ ਨਿਉਂ ਕੇ ਤੇਰੀ ਹੀ ਪੈਰੀਂ ਲੱਗਦਾ ਹਾਂ।
4271	106	ਕਾਰ ਕਮਾਵਾ ਜੇ ਤੁਧੁ ਭਾਵਾ ਜਾ ਤੂੰ ਦੇਹਿ ਦਇਆਲਾ ਜੀਉ॥੨॥	ਦਇਆਲਾ	Kaar Kamaavaa Jae Thudhh Bhaavaa Jaa Thoon Dhaehi Dhaeiaalaa Jeeo ||2||	I act as it pleases You, as You cause me to act, Kind and Compassionate Dear Lord. ||2||	ਜੇ ਤੇਰੀ ਰਜ਼ਾ ਹੋਵੇ ਤਾਂ ਮੈਂ ਉਹੀ ਕੰਮ ਕਰਾਂ ਜੇਹੜਾ ਤੂੰ (ਕਰਨ ਵਾਸਤੇ) ਮੈਨੂੰ ਦੇਵੇਂ ॥੨॥

4272	106	ਪ੍ਰਭੁ ਤੁਮ ਤੇ ਲਹਣਾ ਤੂੰ ਮੇਰਾ ਗਹਣਾ॥	ਲਹਣਾ, ਗਹਣਾ	Prabh Thum Thae Lehanaa Thoon Maeraa Gehanaa ||	O God, from You I receive; You are my decoration.	ਹੇ ਪ੍ਰਭੂ (ਸਾਰੇ ਪਦਾਰਥ) ਮੈਂ ਤੇਰੇ ਪਾਸੋਂ ਹੀ ਲੈਣੇ ਹਨ (ਸਦਾ ਲੈਂਦਾ ਰਹਿੰਦਾ ਹਾਂ), ਤੂੰ ਹੀ ਮੇਰੇ ਆਤਮਕ ਜੀਵਨ ਦੀ ਸੁੰਦਰਤਾ ਦਾ ਵਸੀਲਾ ਹੈਂ।
4273	106	ਜੋ ਤੂੰ ਦੇਹਿ ਸੋਈ ਸੁਖੁ ਸਹਣਾ॥	ਸਹਣਾ	Jo Thoon Dhaehi Soee Sukh Sehanaa ||	Whatever You give me, brings me happiness.	(ਸੁਖ ਚਾਹੇ ਦੁੱਖ) ਜੋ ਕੁਝ ਤੂੰ ਮੈਨੂੰ ਦੇਂਦਾ ਹੈਂ ਮੈਂ ਉਸ ਨੂੰ ਸੁਖ ਜਾਣ ਕੇ ਸਹਾਰਦਾ ਹਾਂ (ਕਬੂਲਦਾ ਹਾਂ)।
4274	106	ਜਿਥੈ ਰਖਹਿ ਬੈਕੁੰਠੁ ਤਿਥਾਈ ਤੂੰ ਸਭਨਾ ਕੇ ਪ੍ਰਤਿਪਾਲਾ ਜੀਉ॥੩॥	(ਬੈਕੁੰਠੁ) ਅਕਾਲ ਘਰ ਸੱਚਖੰਡ	Jithhai Rakhehi Baikunth Thithhaaee Thoon Sabhanaa Kae Prathipaalaa Jeeo ||3||	Wherever You keep me, is heaven. You are the Cherisher of all. ||3||	ਹੇ ਪ੍ਰਭੂ! ਤੂੰ ਸਭ ਜੀਵਾਂ ਦੀ ਪਾਲਣਾ ਕਰਨ ਵਾਲਾ ਹੈਂ, ਮੈਨੂੰ ਤੂੰ ਜਿਥੇ ਰੱਖਦਾ ਹੈਂ ਮੇਰੇ ਵਾਸਤੇ ਉਥੇ ਹੀ ਬੈਕੁੰਠ (ਸੁਰਗ) ਹੈ ॥੩॥
4275	106	ਸਿਮਰਿ ਸਿਮਰਿ ਨਾਨਕ ਸੁਖੁ ਪਾਇਆ॥		Simar Simar Naanak Sukh Paaeiaa ||	Meditating, meditating in remembrance, Nanak has found peace.	ਹੇ ਨਾਨਕ! (ਆਖ-ਹੇ ਪ੍ਰਭੂ!) ਉਸ ਨੇ ਹੀ ਤੇਰਾ ਨਾਮ ਸਿਮਰ ਸਿਮਰ ਕੇ ਆਤਮਕ ਆਨੰਦ ਮਾਣਿਆ ਹੈ,
4276	106	ਆਠ ਪਹਰ ਤੇਰੇ ਗੁਣ ਗਾਇਆ॥		Aath Pehar Thaerae Gun Gaaeiaa ||	Twenty-four hours a day, I sing Your Glorious Praises.	ਜਿਸ ਮਨੁੱਖ ਨੇ ਅੱਠੇ ਪਹਰ (ਹਰ ਵੇਲੇ) ਤੇਰੀ ਸਿਫ਼ਤ-ਸਾਲਾਹ ਦੇ ਗੀਤ ਗਾਏ ਹਨ।

4277	106	ਸਗਲ ਮਨੋਰਥ ਪੂਰਨ ਹੋਏ ਕਦੇ ਨ ਹੋਇ ਦੁਖਾਲਾ ਜੀਉ॥੪॥੩੩॥੪੦॥		Sagal Manorathh Pooran Hoeae Kadhae N Hoe Dhukhaalaa Jeeo ||4||33||40||	All my hopes and desires are fulfilled; I shall never again suffer sorrow. ||4||33||40||	ਉਸ ਦੀਆਂ ਸਾਰੀਆਂ ਲੋੜਾਂ ਪੂਰੀਆਂ ਹੋ ਜਾਂਦੀਆਂ ਹਨ, ਉਹ ਕਦੇ ਦੁਖੀ ਨਹੀਂ ਹੁੰਦਾ ॥੪॥੩੩॥੪੦॥
4278	106	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4279	106	ਪਾਰਬ੍ਰਹਮਿ ਪ੍ਰਭਿ ਮੇਘੁ ਪਠਾਇਆ॥	(ਮੇਘੁ) ਬੱਦਲ (ਪਠਾਇਆ) ਭੇਜਿਆ	Paarabreham Prabh Maegh Pathaaeiaa ||	The Supreme Lord God has unleashed the rain clouds.	(ਜਿਵੇਂ ਜਦੋਂ ਭੀ) ਪਾਰਬ੍ਰਹਮ ਪ੍ਰਭੂ ਨੇ ਬੱਦਲ ਘੱਲਿਆ,
4280	106	ਜਲਿ ਥਲਿ ਮਹੀਅਲਿ ਦਹ ਦਿਸਿ ਵਰਸਾਇਆ॥		Jal Thhal Meheeal Dheh Dhis Varasaaeiaa ||	Over the sea and over the land-over all the earth's surface, in all directions, He has brought the rain.	ਤੇ ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ ਦਸੀਂ ਪਾਸੀਂ ਵਰਖਾ ਕਰ ਦਿੱਤੀ,

4281	106	ਸਾਂਤਿ ਭਈ ਬੁਝੀ ਸਭ ਤ੍ਰਿਸਨਾ ਅਨਦੁ ਭਇਆ ਸਭ ਠਾਈ ਜੀਉ॥੧॥	ਬੁਝੀ, ਅਨ-ਦ: ਪੋਲੇ ਬੋਲੋ	Saanth Bhee Bujhee Sabh Thrisanaa Anadh Bhaeiaa Sabh Thaaee Jeeo ||1||	Peace has come, and the thirst of all has been quenched; there is joy and ecstasy everywhere. ||1||	(ਜਿਸ ਦੀ ਬਰਕਤਿ ਨਾਲ ਜੀਵਾਂ ਦੇ ਅੰਦਰ) ਠੰਢ ਪੈ ਗਈ, ਸਭਨਾਂ ਦੀ ਤ੍ਰੇਹ ਮਿਟ ਗਈ ਤੇ ਸਭ ਥਾਈਂ ਖ਼ੁਸ਼ੀ ਹੀ ਖ਼ੁਸ਼ੀ ਹੋ ਗਈ (ਇਸੇ ਤਰ੍ਹਾਂ ਅਕਾਲ ਪੁਰਖ ਨੇ ਗੁਰੂ ਨੂੰ ਘੱਲਿਆ ਜਿਸ ਨੇ ਪ੍ਰਭੂ ਦੇ ਨਾਮ ਦੀ ਵਰਖਾ ਕੀਤੀ ਤਾਂ ਸਭ ਜੀਵਾਂ ਦੇ ਹਿਰਦੇ ਵਿਚ ਸ਼ਾਂਤੀ ਪੈਦਾ ਹੋਈ ਸਭ ਦੀ ਮਾਇਕ ਤ੍ਰਿਸ਼ਨਾ ਮਿਟ ਗਈ, ਤੇ ਸਭ ਦੇ ਹਿਰਦਿਆਂ ਵਿਚ ਆਤਮਕ ਆਨੰਦ ਪੈਦਾ ਹੋਇਆ) ॥੧॥
4282	106	ਸੁਖਦਾਤਾ ਦੁਖ ਭੰਜਨਹਾਰਾ॥		Sukhadhaathaa Dhukh Bhanjanehaaraa ||	He is the Giver of Peace, the Destroyer of pain.	(ਸਭ ਜੀਵਾਂ ਨੂੰ) ਸੁਖ ਦੇਣ ਵਾਲਾ (ਸਭ ਦੇ) ਦੁੱਖ ਦੂਰ ਕਰਨ ਵਾਲਾ ਪਰਮਾਤਮਾ -
4283	106	ਆਪੇ ਬਖਸਿ ਕਰੇ ਜੀਅ ਸਾਰਾ॥		Aapae Bakhas Karae Jeea Saaraa ||	He gives and forgives all beings.	ਆਪ ਹੀ ਮਿਹਰ ਕਰ ਕੇ ਸਭ ਜੀਵਾਂ ਦੀ ਸੰਭਾਲ ਕਰਦਾ ਹੈ।
4284	106	ਅਪਨੇ ਕੀਤੇ ਨੋ ਆਪਿ ਪ੍ਰਤਿਪਾਲੇ ਪਇ ਪੈਰੀ ਤਿਸਹਿ ਮਨਾਈ ਜੀਉ॥੨॥		Apanae Keethae No Aap Prathipaalae Pae Pairee Thisehi Manaaee Jeeo ||2||	He Himself nurtures and cherishes His Creation. I fall at His Feet and surrender to Him. ||2||	ਪ੍ਰਭੂ ਆਪਣੇ ਪੈਦਾ ਕੀਤੇ ਜਗਤ ਦੀ ਆਪ ਪਾਲਣਾ ਕਰਦਾ ਹੈ। ਮੈਂ ਉਸ ਦੇ ਚਰਨਾਂ ਤੇ ਢਹਿ ਕੇ ਉਸ ਨੂੰ ਹੀ ਪ੍ਰਸੰਨ ਕਰਨ ਦਾ ਜਤਨ ਕਰਦਾ ਹਾਂ ॥੨॥

4285	106	ਜਾ ਕੀ ਸਰਣਿ ਪਇਆ ਗਤਿ ਪਾਈਐ॥		Jaa Kee Saran Paeiaa Gath Paaeeai ||	Seeking His Sanctuary, salvation is obtained.	(ਹੇ ਭਾਈ!) ਜਿਸ ਪਰਮਾਤਮਾ ਦਾ ਆਸਰਾ ਲਿਆਂ ਉੱਚੀ ਆਤਮਕ ਅਵਸਥਾ ਪ੍ਰਾਪਤ ਹੋ ਜਾਂਦੀ ਹੈ,
4286	106	ਸਾਸਿ ਸਾਸਿ ਹਰਿ ਨਾਮੁ ਧਿਆਈਐ॥		Saas Saas Har Naam Dhhiaaeeai ||	With each and every breath, I meditate on the Lord's Name.	ਉਸ ਹਰੀ ਦਾ ਨਾਮ ਹਰੇਕ ਸਾਹ ਦੇ ਨਾਲ ਚੇਤੇ ਕਰਦੇ ਰਹਿਣਾ ਚਾਹੀਦਾ ਹੈ।
4287	106	ਤਿਸੁ ਬਿਨੁ ਹੋਰੁ ਨ ਦੂਜਾ ਠਾਕੁਰੁ ਸਭ ਤਿਸੈ ਕੀਆ ਜਾਈ ਜੀਉ॥੩॥		This Bin Hor N Dhoojaa Thaakur Sabh Thisai Keeaa Jaaee Jeeo ||3||	Without Him, there is no other Lord and Master. All places belong to Him. ||3||	ਉਸ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਪਾਲਣਹਾਰ ਨਹੀਂ ਹੈ, ਸਾਰੀਆਂ ਥਾਵਾਂ ਉਸੇ ਦੀਆਂ ਹੀ ਹਨ (ਸਭ ਜੀਵਾਂ ਵਿਚ ਉਹ ਆਪ ਹੀ ਵੱਸ ਰਿਹਾ ਹੈ) ॥੩॥
4288	106	ਤੇਰਾ ਮਾਣੁ ਤਾਣੁ ਪ੍ਰਭੁ ਤੇਰਾ॥		Thaeraa Maan Thaan Prabh Thaeraa ||	Yours is the Honor, God, and Yours is the Power.	ਹੇ ਪ੍ਰਭੂ! ਮੈਨੂੰ ਤੇਰਾ ਹੀ ਮਾਣ ਹੈ ਮੈਨੂੰ ਤੇਰਾ ਹੀ ਆਸਰਾ ਹੈ।
4289	106	ਤੂੰ ਸਚਾ ਸਾਹਿਬੁ ਗੁਣੀ ਗਹੇਰਾ॥	ਗੁਰਮੁਖਿ ਗੁਣ ਬਖਸ਼ਣ ਵਾਲੇ (ਗੁਣੀ) ਗੁਣਾਂ ਦੇ (ਗਹੇਰਾ) ਸਮੁੰਦਰ	Thoon Sachaa Saahib Gunee Gehaeraa ||	You are the True Lord and Master, the Ocean of Excellence.	ਤੂੰ ਸਦਾ ਕਾਇਮ ਰਹਿਣ ਵਾਲਾ ਮੇਰਾ ਮਾਲਕ ਹੈਂ, ਤੂੰ ਸਾਰੇ ਗੁਣਾਂ ਵਾਲਾ ਹੈਂ ਤੇਰੇ ਗੁਣਾਂ ਦੀ ਹਾਥ ਨਹੀਂ ਪਾਈ ਜਾ ਸਕਦੀ।

4290	106	ਨਾਨਕੁ ਦਾਸੁ ਕਹੈ ਬੇਨੰਤੀ ਆਠ ਪਹਰ ਤੁਧੁ ਧਿਆਈ ਜੀਉ॥੪॥੩੪॥੪੧॥		Naanak Dhaas Kehai Baenanthee Aath Pehar Thudhh Dhhiaaee Jeeo ||4||34||41||	Servant Nanak utters this prayer: may I meditate on You twenty-four hours a day. ||4||34||41||	ਹੇ ਪ੍ਰਭੂ! (ਤੇਰਾ) ਦਾਸ ਨਾਨਕ (ਤੇਰੇ ਅੱਗੇ) ਬੇਨਤੀ ਕਰਦਾ ਹੈ (ਕਿ ਮਿਹਰ ਕਰ) ਮੈਂ ਅੱਠੇ ਪਹਰ ਤੈਨੂੰ ਯਾਦ ਕਰਦਾ ਰਹਾਂ ॥੪॥੩੪॥੪੧॥
4291	106	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4292	106	ਸਭੇ ਸੁਖ ਭਏ ਪ੍ਰਭ ਤੁਠੇ॥	(ਤੁਠੇ) ਪ੍ਰਸੰਨ ਹੋਏ	Sabhae Sukh Bheae Prabh Thuthae ||	All happiness comes, when God is pleased.	ਜਦੋਂ (ਕਿਸੇ ਵਡ-ਭਾਗੀ ਉੱਤੇ) ਪ੍ਰਭੂ ਪ੍ਰਸੰਨ ਹੋਵੇ, ਤਾਂ ਸਾਰੇ ਸੁਖ ਪ੍ਰਾਪਤ ਹੋ ਜਾਂਦੇ ਹਨ।
4293	106	ਗੁਰ ਪੂਰੇ ਕੇ ਚਰਣ ਮਨਿ ਵੁਠੇ॥	(ਵੁੱਠੇ) ਵਸੇ	Gur Poorae Kae Charan Man Vuthae ||	The Feet of the Perfect Guru dwell in my mind.	(ਤੇ ਉਸ ਦੀ ਮਿਹਰ ਨਾਲ) ਪੂਰੇ ਗੁਰੂ ਦੇ ਚਰਨ ਮਨ ਵਿਚ ਆ ਵੱਸਦੇ ਹਨ।
4294	106	ਸਹਜ ਸਮਾਧਿ ਲਗੀ ਲਿਵ ਅੰਤਰਿ ਸੋ ਰਸੁ ਸੋਈ ਜਾਣੈ ਜੀਉ॥੧॥		Sehaj Samaadhh Lagee Liv Anthar So Ras Soee Jaanai Jeeo ||1||	I am intuitively absorbed in the state of Samaadhi deep within. God alone knows this sweet pleasure. ||1||	ਪਰ ਉਸ ਆਨੰਦ ਨੂੰ ਉਹੀ ਮਨੁੱਖ ਸਮਝਦਾ ਹੈ ਜਿਸ ਦੇ ਅੰਦਰ (ਪ੍ਰਭੂ-ਮਿਲਾਪ ਦੀ) ਲਗਨ ਹੋਵੇ ਜਿਸ ਦੀ ਆਤਮਕ ਅਡੋਲਤਾ ਵਾਲੀ ਸਮਾਧੀ ਲੱਗੀ ਹੋਈ ਹੋਵੇ (ਭਾਵ, ਜੋ ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹੇ) ॥੧॥

4295	106	ਅਗਮ ਅਗੋਚਰੁ ਸਾਹਿਬੁ ਮੇਰਾ॥		Agam Agochar Saahib Maeraa ||	My Lord and Master is Inaccessible and Unfathomable.	(ਹੇ ਭਾਈ!) ਮੇਰਾ ਮਾਲਕ-ਪ੍ਰਭੂ ਅਪਹੁੰਚ ਹੈ, ਗਿਆਨ-ਇੰਦ੍ਰਿਆਂ ਦੀ ਉਸ ਤਕ ਪਹੁੰਚ ਨਹੀਂ ਹੋ ਸਕਦੀ।
4296	106	ਘਟ ਘਟ ਅੰਤਰਿ ਵਰਤੈ ਨੇਰਾ॥	(ਨੇਰਾ) ਨੇੜੇ	Ghatt Ghatt Anthar Varathai Naeraa ||	Deep within each and every heart, He dwells near and close at hand.	(ਉਂਞ) ਉਹ ਹਰੇਕ ਦੇ ਹਿਰਦੇ ਵਿਚ ਵੱਸ ਰਿਹਾ ਹੈ ਉਹ ਸਭ ਜੀਵਾਂ ਦੇ ਨੇੜੇ ਵੱਸਦਾ ਹੈ।
4297	106	ਸਦਾ ਅਲਿਪਤੁ ਜੀਆ ਕਾ ਦਾਤਾ ਕੋ ਵਿਰਲਾ ਆਪੁ ਪਛਾਣੈ ਜੀਉ॥੨॥	(ਅ-ਲਿਪਤੁ) ਨਿਰਲੇਪ	Sadhaa Alipath Jeeaa Kaa Dhaathaa Ko Viralaa Aap Pashhaanai Jeeo ||2||	He is always detached; He is the Giver of souls. How rare is that person who understands his own self. ||2||	(ਫਿਰ ਭੀ) ਉਹ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ, ਤੇ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ (ਉਹ ਸਭ ਦੀ ਜਿੰਦ-ਜਾਨ ਹੈ ਸਭ ਦਾ ਆਤਮਾ ਹੈ, ਸਭ ਦਾ ਆਪਾ ਹੈ) ਉਸ (ਸਭ ਦੇ) ਆਪੇ (ਪ੍ਰਭੂ) ਨੂੰ ਕੋਈ ਵਿਰਲਾ ਮਨੁੱਖ ਪਛਾਣਦਾ ਹੈ ॥੨॥
4298	106	ਪ੍ਰਭ ਮਿਲਣੈ ਕੀ ਏਹ ਨੀਸਾਣੀ॥		Prabh Milanai Kee Eaeh Neesaanee ||	This is the sign of union with God:	(ਹੇ ਭਾਈ!) ਪਰਮਾਤਮਾ ਦੇ ਮਿਲਾਪ ਦੀ ਨਿਸ਼ਾਨੀ ਇਹ ਹੈ,
4299	106	ਮਨਿ ਇਕੋ ਸਚਾ ਹੁਕਮੁ ਪਛਾਣੀ॥		Man Eiko Sachaa Hukam Pashhaanee ||	In the mind, the Command of the True Lord is recognized.	(ਕਿ ਜੇਹੜਾ ਉਸ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ ਉਹ) ਆਪਣੇ ਮਨ ਵਿਚ ਉਸ ਪ੍ਰਭੂ ਦਾ ਸਦਾ ਕਾਇਮ ਰਹਿਣ ਵਾਲਾ ਹੁਕਮ ਸਮਝ ਲੈਂਦਾ ਹੈ (ਉਸ ਦੀ ਰਜ਼ਾ ਵਿਚ ਰਾਜ਼ੀ ਰਹਿੰਦਾ ਹੈ)।

4300	106	ਸਹਜਿ ਸੰਤੋਖਿ ਸਦਾ ਤ੍ਰਿਪਤਾਸੇ ਅਨਦੁ ਖਸਮ ਕੈ ਭਾਣੈ ਜੀਉ॥੩॥	(ਤ੍ਰਿਪਤਾਸੇ) ਰੱਜੇ। ਅਨ-ਦੁ: ਪੋਲਾ ਬੋਲੋ	Sehaj Santhokh Sadhaa Thripathaasae Anadh Khasam Kai Bhaanai Jeeo ||3||	Intuitive peace and poise, contentment, enduring satisfaction and bliss come through the Pleasure of the Master's Will. ||3||	ਜੇਹੜੇ ਮਨੁੱਖ ਖਸਮ-ਪ੍ਰਭੂ ਦੀ ਰਜ਼ਾ ਵਿਚ ਰਹਿੰਦੇ ਹਨ, ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ, ਉਹ ਸੰਤੋਖ ਵਿਚ ਜੀਵਨ ਬਿਤੀਤ ਕਰਦੇ ਹਨ ਤੇ (ਤ੍ਰਿਸ਼ਨਾ ਵਲੋਂ) ਸਦਾ ਰੱਜੇ ਰਹਿੰਦੇ ਹਨ ॥੩॥
4301	106	ਹਥੀ ਦਿਤੀ ਪ੍ਰਭਿ ਦੇਵਣਹਾਰੈ॥	(ਹੱਥੀ) ਹੱਥ ਨਾਲ ਬਾਂਹ ਫੜੀ	Hathhee Dhithee Prabh Dhaevanehaarai ||	God, the Great Giver, has given me His Hand.	(ਪ੍ਰਭੂ ਦੀ ਸਿਫ਼ਤ-ਸਾਲਾਹ, ਮਾਨੋ, ਇਕ ਫੱਕੀ ਹੈ) ਦੇਵਣਹਾਰ ਪ੍ਰਭੂ ਨੇ ਇਸ ਜੀਵ-ਬਾਲ ਨੂੰ (ਇਸ ਫੱਕੀ ਦੀ) ਤਲੀ ਦਿੱਤੀ,
4302	106	ਜਨਮ ਮਰਣ ਰੋਗ ਸਭਿ ਨਿਵਾਰੇ॥	(ਨਿਵਾਰੇ) ਦੂਰ ਕੀਤੇ	Janam Maran Rog Sabh Nivaarae ||	He has erased all the sickness of birth and death.	ਉਸ ਦੇ ਜਨਮ ਮਰਨ ਦੇ ਗੇੜ ਵਿਚ ਪਾਣ ਵਾਲੇ ਸਾਰੇ ਰੋਗ ਦੂਰ ਕਰ ਦਿੱਤੇ।
4303	106	ਨਾਨਕ ਦਾਸ ਕੀਏ ਪ੍ਰਭਿ ਅਪੁਨੇ ਹਰਿ ਕੀਰਤਨਿ ਰੰਗ ਮਾਣੇ ਜੀਉ॥੪॥੩੫॥੪੨॥		Naanak Dhaas Keeeae Prabh Apunae Har Keerathan Rang Maanae Jeeo ||4||35||42||	O Nanak, those whom God has made His slaves, rejoice in the pleasure of singing the Kirtan of the Lord's Praises. ||4||35||42||	ਹੇ ਨਾਨਕ! ਜਿਨ੍ਹਾਂ ਨੂੰ ਪ੍ਰਭੂ ਨੇ ਆਪਣੇ ਸੇਵਕ ਬਣਾ ਲਿਆ, ਉਹ ਪਰਮਾਤਮਾ ਦੀ ਸਿਫ਼ਤ-ਸਾਲਾਹ ਵਿਚ (ਆਤਮਕ) ਆਨੰਦ ਮਾਣਦੇ ਹਨ ॥੪॥੩੫॥੪੨॥
4304	107	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	

4305	107	ਕੀਨੀ ਦਇਆ ਗੋਪਾਲ ਗੁਸਾਈ॥	ਗੁਸਾਂਈਂ	Keenee Dhaeiaa Gopaal Gusaaee ||	The Life of the World, the Sustainer of the Earth, has showered His Mercy;	ਸ੍ਰਿਸ਼ਟੀ ਦੇ ਪਾਲਣਹਾਰ, ਸ੍ਰਿਸ਼ਟੀ ਦੇ ਖਸਮ-ਪ੍ਰਭੂ ਨੇ (ਜਿਸ ਮਨੁੱਖ ਉਤੇ) ਮਿਹਰ ਕੀਤੀ,
4306	107	ਗੁਰ ਕੇ ਚਰਣ ਵਸੇ ਮਨ ਮਾਹੀ॥		Gur Kae Charan Vasae Man Maahee ||	The Guru's Feet have come to dwell within my mind.	ਉਸ ਦੇ ਮਨ ਵਿਚ ਗੁਰੂ ਦੇ ਚਰਣ ਵੱਸ ਪਏ।
4307	107	ਅੰਗੀਕਾਰੁ ਕੀਆ ਤਿਨਿ ਕਰਤੈ ਦੁਖ ਕਾ ਡੇਰਾ ਢਾਹਿਆ ਜੀਉ॥੧॥		Angeekaar Keeaa Thin Karathai Dhukh Kaa Ddaeraa Dtaahiaa Jeeo ||1||	The Creator has made me His Own. He has destroyed the city of sorrow. ||1||	(ਉਸ ਨੂੰ) ਉਸ ਕਰਤਾਰ ਨੇ ਪਰਵਾਨ ਕਰ ਲਿਆ (ਆਪਣਾ ਬਣਾ ਲਿਆ, ਤੇ ਉਸ ਦੇ ਅੰਦਰੋਂ ਕਰਤਾਰ ਨੇ) ਦੁੱਖ ਦਾ ਅੱਡਾ ਹੀ ਚੁਕਾ ਦਿੱਤਾ ॥੧॥
4308	107	ਮਨਿ ਤਨਿ ਵਸਿਆ ਸਚਾ ਸੋਈ॥		Man Than Vasiaa Sachaa Soee ||	The True One abides within my mind and body;	ਜਿਸ ਮਨੁੱਖ ਦੇ ਮਨ ਵਿਚ ਸਰੀਰ ਵਿਚ ਉਹ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਵੱਸ ਪਏ,
4309	107	ਬਿਖੜਾ ਥਾਨੁ ਨ ਦਿਸੈ ਕੋਈ॥	ਬਿਖੜਾ: ਪੋਲਾ ਬੋਲੋ	Bikharraa Thhaan N Dhisai Koee ||	No place seems difficult to me now.	ਉਸ ਨੂੰ (ਜੀਵਨ-ਸਫ਼ਰ ਵਿਚ) ਕੋਈ ਥਾਂ ਔਖਾ ਨਹੀਂ ਦਿੱਸਦਾ।
4310	107	ਦੂਤ ਦੁਸਮਣ ਸਭਿ ਸਜਣ ਹੋਏ ਏਕੋ ਸੁਆਮੀ ਆਹਿਆ ਜੀਉ॥੨॥		Dhooth Dhusaman Sabh Sajan Hoeae Eaeko Suaamee Aahiaa Jeeo ||2||	All the evil-doers and enemies have now become my friends. I long only for my Lord and Master. ||2||	ਜਿਸ ਦਾ ਪਿਆਰ ਮਾਲਕ ਪ੍ਰਭੂ ਨਾਲ ਹੀ ਬਣ ਜਾਏ, ਸਾਰੇ ਦੋਖੀ ਦੁਸ਼ਮਨ ਉਸ ਦੇ ਸੱਜਣ ਮਿੱਤ੍ਰ ਬਣ ਜਾਂਦੇ ਹਨ (ਕਾਮਾਦਿਕ ਵੈਰੀ ਉਸ ਦੇ ਅਧੀਨ ਹੋ ਜਾਂਦੇ ਹਨ) ॥੨॥

4311	107	ਜੋ ਕਿਛੁ ਕਰੇ ਸੁ ਆਪੇ ਆਪੈ॥		Jo Kishh Karae S Aapae Aapai ||	Whatever He does, He does all by Himself.	(ਉਸ ਨੂੰ ਇਹ ਨਿਸਚਾ ਹੋ ਜਾਂਦਾ ਹੈ ਕਿ) ਜੋ ਕੁਝ ਪ੍ਰਭੂ ਕਰਦਾ ਹੈ ਆਪ ਹੀ ਆਪਣੇ ਆਪ ਤੋਂ ਕਰਦਾ ਹੈ।
4312	107	ਬੁਧਿ ਸਿਆਣਪ ਕਿਛੂ ਨ ਜਾਪੈ॥		Budhh Siaanap Kishhoo N Jaapai ||	No one can know His Ways.	(ਉਸ ਦੇ ਕੰਮਾਂ ਵਿਚ ਕਿਸੇ ਹੋਰ ਦੀ) ਅਕਲ ਜਾਂ ਚਤੁਰਾਈ (ਕੰਮ ਕਰਦੀ) ਨਹੀਂ ਦਿੱਸਦੀ।
4313	107	ਆਪਣਿਆ ਸੰਤਾ ਨੋ ਆਪਿ ਸਹਾਈ ਪ੍ਰਭਿ ਭਰਮ ਭੁਲਾਵਾ ਲਾਹਿਆ ਜੀਉ॥੩॥		Aapaniaa Santhaa No Aap Sehaaee Prabh Bharam Bhulaavaa Laahiaa Jeeo ||3||	He Himself is the Helper and Support of His Saints. God has cast out my doubts and delusions. ||3||	ਆਪਣੇ ਸੰਤਾਂ ਵਾਸਤੇ ਪ੍ਰਭੂ ਆਪ ਸਹਾਈ ਬਣਦਾ ਹੈ ਤੇ ਉਸ ਮਨੁੱਖ ਦੇ ਮਨ ਵਿਚੋਂ ਪ੍ਰਭੂ ਨੇ ਭਟਕਣਾ ਤੇ ਭੁਲੇਖਾ ਦੂਰ ਕਰ ਦਿੱਤਾ ॥੩॥
4314	107	ਚਰਣਕਮਲ ਜਨ ਕਾ ਆਧਾਰੋ॥		Charan Kamal Jan Kaa Aadhhaaro ||	His Lotus Feet are the Support of His humble servants.	ਪ੍ਰਭੂ ਦੇ ਸੋਹਣੇ ਚਰਨ ਪ੍ਰਭੂ ਦੇ ਸੇਵਕਾਂ ਦੀ ਜ਼ਿੰਦਗੀ ਦਾ ਆਸਰਾ ਬਣ ਜਾਂਦੇ ਹਨ।
4315	107	ਆਠ ਪਹਰ ਰਾਮ ਨਾਮੁ ਵਾਪਾਰੋ॥		Aath Pehar Raam Naam Vaapaaro ||	Twenty-four hours a day, they deal in the Name of the Lord.	ਸੇਵਕ ਅੱਠੇ ਪਹਰ ਪਰਮਾਤਮਾ ਦਾ ਨਾਮ ਵਣਜਦੇ ਹਨ।

4316	107	ਸਹਜ ਅਨੰਦ ਗਾਵਹਿ ਗੁਣ ਗੋਵਿੰਦ ਪ੍ਰਭ ਨਾਨਕ ਸਰਬ ਸਮਾਹਿਆ ਜੀਉ॥੪॥੩੬॥੪੩॥		Sehaj Anandh Gaavehi Gun Govindh Prabh Naanak Sarab Samaahiaa Jeeo ||4||36||43||	In peace and pleasure, they sing the Glorious Praises of the Lord of the Universe. O Nanak, God is permeating everywhere. ||4||36||43||	ਸੇਵਕ ਆਤਮਕ ਅਡੋਲਤਾ ਦੇ ਆਨੰਦ (ਮਾਣਦੇ ਹੋਏ ਸਦਾ) ਹੇ ਨਾਨਕ! ਉਸ ਗੋਬਿੰਦ ਪ੍ਰਭੂ ਦੇ ਗੁਣ ਗਾਂਦੇ ਹਨ ਜੋ ਸਭ ਜੀਵਾਂ ਵਿਚ ਵਿਆਪਕ ਹੈ ॥੪॥੩੬॥੪੩॥
4317	107	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4318	107	ਸੋ ਸਚੁ ਮੰਦਰੁ ਜਿਤੁ ਸਚੁ ਧਿਆਈਐ॥		So Sach Mandhar Jith Sach Dhhiaaeeai ||	True is that temple, within which one meditates on the True Lord.	(ਹੇ ਭਾਈ!) ਜਿਸ ਥਾਂ ਵਿਚ ਸਦਾ-ਥਿਰ ਪਰਮਾਤਮਾ ਦਾ ਸਿਮਰਨ ਕੀਤਾ ਜਾਂਦਾ ਹੈ, ਉਹ ਸਦਾ ਕਾਇਮ ਰਹਿਣ ਵਾਲਾ ਮੰਦਰ ਹੈ।
4319	107	ਸੋ ਰਿਦਾ ਸੁਹੇਲਾ ਜਿਤੁ ਹਰਿ ਗੁਣ ਗਾਈਐ॥		So Ridhaa Suhaelaa Jith Har Gun Gaaeeai ||	Blessed is that heart, within which the Lord's Glorious Praises are sung.	ਉਹ ਹਿਰਦਾ (ਸਦਾ) ਸੁਖੀ ਹੈ ਜਿਸ ਦੀ ਰਾਹੀਂ ਪਰਮਾਤਮਾ ਦੇ ਗੁਣ ਗਾਏ ਜਾਣ।

4320	107	ਸਾ ਧਰਤਿ ਸੁਹਾਵੀ ਜਿਤੁ ਵਸਹਿ ਹਰਿ ਜਨ ਸਚੇ ਨਾਮ ਵਿਟਹੁ ਕੁਰਬਾਣੋ ਜੀਉ॥੧॥		Saa Dhharath Suhaavee Jith Vasehi Har Jan Sachae Naam Vittahu Kurabaano Jeeo ||1||	Beautiful is that land, where the Lord's humble servants dwell. I am a sacrifice to the True Name. ||1||	ਉਹ ਧਰਤੀ ਸੁੰਦਰ ਬਣ ਜਾਂਦੀ ਹੈ ਜਿਸ ਵਿਚ ਪਰਮਾਤਮਾ ਦੇ ਭਗਤ ਵੱਸਦੇ ਹਨ ਤੇ ਪਰਮਾਤਮਾ ਦੇ ਨਾਮ ਤੋਂ ਸਦਕੇ ਜਾਂਦੇ ਹਨ ॥੧॥
4321	107	ਸਚੁ ਵਡਾਈ ਕੀਮ ਨ ਪਾਈ॥		Sach Vaddaaee Keem N Paaee ||	The extent of the True Lord's Greatness cannot be known.	(ਹੇ ਭਾਈ!) ਤੂੰ ਸਦਾ-ਥਿਰ ਰਹਿਣ ਵਾਲਾ ਹੈਂ, ਤੇਰੀ ਬਜ਼ੁਰਗੀ ਦਾ ਕੋਈ ਜੀਵ ਮੁੱਲ ਨਹੀਂ ਪਾ ਸਕਦਾ (ਭਾਵ, ਤੇਰੇ ਜੇਡਾ ਵੱਡਾ ਹੋਰ ਕੋਈ ਨਹੀਂ ਹੈ)।
4322	107	ਕੁਦਰਤਿ ਕਰਮੁ ਨ ਕਹਣਾ ਜਾਈ॥		Kudharath Karam N Kehanaa Jaaee ||	His Creative Power and His Bounties cannot be described.	ਤੇਰੀ ਕੁਦਰਤਿ ਬਿਆਨ ਨਹੀਂ ਕੀਤੀ ਜਾ ਸਕਦੀ, ਤੇਰੀ ਬਖ਼ਸ਼ਸ਼ ਬਿਆਨ ਨਹੀਂ ਕੀਤੀ ਜਾ ਸਕਦੀ।
4323	107	ਧਿਆਇ ਧਿਆਇ ਜੀਵਹਿ ਜਨ ਤੇਰੇ ਸਚੁ ਸਬਦੁ ਮਨਿ ਮਾਣੋ ਜੀਉ॥੨॥		Dhhiaae Dhhiaae Jeevehi Jan Thaerae Sach Sabadh Man Maano Jeeo ||2||	Your humble servants live by meditating, meditating on You. Their minds treasure the True Word of the Shabad. ||2||	ਤੇਰੇ ਭਗਤ ਤੇਰਾ ਨਾਮ ਸਿਮਰ ਸਿਮਰ ਕੇ ਆਤਮਕ ਜੀਵਨ ਪ੍ਰਾਪਤ ਕਰਦੇ ਹਨ, ਉਹਨਾਂ ਦੇ ਮਨ ਵਿਚ ਤੇਰਾ ਸਦਾ-ਥਿਰ (ਸਿਫ਼ਤ-ਸਾਲਾਹ ਦਾ) ਸ਼ਬਦ ਹੀ ਆਸਰਾ ਹੈ ॥੨॥

4324	107	ਸਚੁ ਸਾਲਾਹਣੁ ਵਡਭਾਗੀ ਪਾਈਐ॥		Sach Saalaahan Vaddabhaagee Paaeeai ||	The Praises of the True One are obtained by great good fortune.	(ਹੇ ਪ੍ਰਭੂ!) ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੇਰੀ ਸਿਫ਼ਤ-ਸਾਲਾਹ ਵੱਡੇ ਭਾਗਾਂ ਨਾਲ ਮਿਲਦੀ ਹੈ।
4325	107	ਗੁਰ ਪਰਸਾਦੀ ਹਰਿ ਗੁਣ ਗਾਈਐ॥		Gur Parasaadhee Har Gun Gaaeeai ||	By Guru's Grace, the Glorious Praises of the Lord are sung.	ਹੇ ਹਰੀ! ਤੇਰੇ ਗੁਣ ਗੁਰੂ ਦੀ ਕਿਰਪਾ ਨਾਲ ਗਾਏ ਜਾ ਸਕਦੇ ਹਨ।
4326	107	ਰੰਗਿ ਰਤੇ ਤੇਰੈ ਤੁਧੁ ਭਾਵਹਿ ਸਚੁ ਨਾਮੁ ਨੀਸਾਣੋ ਜੀਉ॥੩॥		Rang Rathae Thaerai Thudhh Bhaavehi Sach Naam Neesaano Jeeo ||3||	Those who are imbued with Your Love are pleasing to You. The True Name is their Banner and Insignia. ||3||	ਹੇ ਪ੍ਰਭੂ! ਤੈਨੂੰ ਉਹ ਸੇਵਕ ਪਿਆਰੇ ਲੱਗਦੇ ਹਨ ਜੇਹੜੇ ਤੇਰੇ ਪ੍ਰੇਮ ਰੰਗ ਵਿਚ ਰੰਗੇ ਰਹਿੰਦੇ ਹਨ, ਉਹਨਾਂ ਦੇ ਪਾਸ ਤੇਰਾ ਸਦਾ-ਥਿਰ ਰਹਿਣ ਵਾਲਾ ਨਾਮ (ਜੀਵਨ-ਸਫ਼ਰ ਵਿਚ) ਰਾਹਦਾਰੀ ਹੈ ॥੩॥
4327	107	ਸਚੇ ਅੰਤੁ ਨ ਜਾਣੈ ਕੋਈ॥		Sachae Anth N Jaanai Koee ||	No one knows the limits of the True Lord.	(ਹੇ ਭਾਈ!) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਗੁਣਾਂ ਦਾ ਕੋਈ ਮਨੁੱਖ ਅੰਤ ਨਹੀਂ ਜਾਣ ਸਕਦਾ।
4328	107	ਥਾਨਿ ਥਨੰਤਰਿ ਸਚਾ ਸੋਈ॥		Thhaan Thhananthar Sachaa Soee ||	In all places and interspaces, the True One is pervading.	ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ ਹਰੇਕ ਥਾਂ ਵਿਚ ਵੱਸ ਰਿਹਾ ਹੈ।

4329	107	ਨਾਨਕ ਸਚੁ ਧਿਆਈਐ ਸਦ ਹੀ ਅੰਤਰਜਾਮੀ ਜਾਣੋ ਜੀਉ॥੪॥੩੭॥੪੪॥		Naanak Sach Dhhiaaeeai Sadh Hee Antharajaamee Jaano Jeeo ||4||37||44||	O Nanak, meditate forever on the True One, the Searcher of hearts, the Knower of all. ||4||37||44||	ਹੇ ਨਾਨਕ! ਉਸ ਸਦਾ-ਥਿਰ ਪ੍ਰਭੂ ਨੂੰ ਸਦਾ ਹੀ ਸਿਮਰਨਾ ਚਾਹੀਦਾ ਹੈ, ਉਹ ਸੁਜਾਨ ਹੈ ਤੇ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ ॥੪॥੩੭॥੪੪॥
4330	107	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4331	107	ਰੈਣਿ ਸੁਹਾਵੜੀ ਦਿਨਸੁ ਸੁਹੇਲਾ॥		Rain Suhaavarree Dhinas Suhaelaa ||	Beautiful is the night, and beautiful is the day,	ਰਾਤ ਸੁਹਾਵਣੀ ਬੀਤਦੀ ਹੈ, ਦਿਨ ਭੀ ਸੌਖਾ ਗੁਜ਼ਾਰਦਾ ਹੈ,
4332	107	ਜਪਿ ਅੰਮ੍ਰਿਤ ਨਾਮੁ ਸੰਤਸੰਗਿ ਮੇਲਾ॥		Jap Anmrith Naam Santhasang Maelaa ||	When one joins the Society of the Saints and chants the Ambrosial Naam.	(ਜੇ) ਸੰਤਾਂ ਦੀ ਸੰਗਤਿ ਵਿਚ ਮੇਲ (ਹੋ ਜਾਏ। ਉਥੇ) ਆਤਮਕ ਮੌਤ ਤੋਂ ਬਚਾਣ ਵਾਲਾ ਹਰਿ-ਨਾਮ ਜਪ ਕੇ -
4333	107	ਘੜੀ ਮੂਰਤ ਸਿਮਰਤ ਪਲ ਵੰਞਹਿ ਜੀਵਣੁ ਸਫਲੁ ਤਿਥਾਈ ਜੀਉ॥੧॥	ਵੰਞ-ਹਿ: ਟਿੱਪੀ ਤੇ ੲ ਦੋਨੋਂ ਖ਼ੂਬ ਨੱਕ ਚ ਬੋਲੋ	Gharree Moorath Simarath Pal Vannjehi Jeevan Safal Thithhaaee Jeeo ||1||	If you remember the Lord in meditation for a moment, even for an instant, then your life will become fruitful and prosperous. ||1||	ਉਮਰ ਦੀਆਂ ਘੜੀਆਂ ਦੇ ਘੜੀਆਂ ਪਲ ਪਰਮਾਤਮਾ ਦਾ ਨਾਮ ਸਿਮਰਦਿਆਂ ਬੀਤਣ, ਉਥੇ ਹੀ ਜੀਵਨ (ਦਾ ਸਮਾਂ) ਸਫਲ ਹੁੰਦਾ ਹੈ ॥੧॥

4334	107	ਸਿਮਰਤ ਨਾਮੁ ਦੋਖ ਸਭਿ ਲਾਥੇ॥		Simarath Naam Dhokh Sabh Laathhae ||	Remembering the Naam, the Name of the Lord, all sinful mistakes are erased.	ਪਰਮਾਤਮਾ ਦਾ ਨਾਮ ਸਿਮਰਦਿਆਂ ਸਾਰੇ ਪਾਪ ਲਹਿ ਜਾਂਦੇ ਹਨ।
4335	107	ਅੰਤਰਿ ਬਾਹਰਿ ਹਰਿ ਪ੍ਰਭੁ ਸਾਥੇ॥		Anthar Baahar Har Prabh Saathhae ||	Inwardly and outwardly, the Lord God is always with us.	ਜੀਵ ਦੇ ਹਿਰਦੇ ਵਿਚ ਤੇ ਬਾਹਰ ਜਗਤ ਵਿਚ ਪਰਮਾਤਮਾ (ਹਰ ਵੇਲੇ) ਨਾਲ (ਵੱਸਦਾ ਪ੍ਰਤੀਤ) ਹੁੰਦਾ ਹੈ।
4336	107	ਭੈ ਭਉ ਭਰਮੁ ਖੋਇਆ ਗੁਰਿ ਪੂਰੈ ਦੇਖਾ ਸਭਨੀ ਜਾਈ ਜੀਉ॥੨॥		Bhai Bho Bharam Khoeiaa Gur Poorai Dhaekhaa Sabhanee Jaaee Jeeo ||2||	Fear, dread and doubt have been dispelled by the Perfect Guru; now, I see God everywhere. ||2||	ਪਰਮਾਤਮਾ ਦਾ ਡਰ ਅਦਬ ਹਿਰਦੇ ਵਿਚ ਰੱਖਣ ਦੇ ਕਾਰਨ ਪੂਰੇ ਗੁਰੂ ਨੇ ਮੇਰਾ ਦੁਨੀਆ ਵਾਲਾ ਡਰ ਮੁਕਾ ਦਿੱਤਾ ਹੈ, ਹੁਣ ਮੈਂ ਪਰਮਾਤਮਾ ਨੂੰ ਸਭ ਥਾਵਾਂ ਵਿਚ ਵੇਖਦਾ ਹਾਂ ॥੨॥
4337	107	ਪ੍ਰਭੁ ਸਮਰਥੁ ਵਡ ਊਚ ਅਪਾਰਾ॥	ਸਮਰੱਥੁ	Prabh Samarathh Vadd Ooch Apaaraa ||	God is All-powerful, Vast, Lofty and Infinite.	ਪ੍ਰਭੂ ਸਭ ਤਾਕਤਾਂ ਵਾਲਾ ਹੈ, ਸਭ ਤੋਂ ਵੱਡਾ ਉੱਚਾ ਹੈ ਤੇ ਬੇਅੰਤ ਹੈ।
4338	107	ਨਉ ਨਿਧਿ ਨਾਮੁ ਭਰੇ ਭੰਡਾਰਾ॥		No Nidhh Naam Bharae Bhanddaaraa ||	The Naam is overflowing with the nine treasures.	ਉਸ ਦਾ ਨਾਮ (ਮਾਨੋ, ਜਗਤ ਦੇ) ਨੌ ਹੀ ਖ਼ਜ਼ਾਨੇ ਹੈ, (ਨਾਮ ਧਨ ਨਾਲ ਉਸ ਪ੍ਰਭੂ ਦੇ) ਖ਼ਜ਼ਾਨੇ ਭਰੇ ਪਏ ਹਨ।

4339	107	ਆਦਿ ਅੰਤਿ ਮਧਿ ਪ੍ਰਭੁ ਸੋਈ ਦੂਜਾ ਲਵੈ ਨ ਲਾਈ ਜੀਉ॥੩॥		Aadh Anth Madhh Prabh Soee Dhoojaa Lavai N Laaee Jeeo ||3||	In the beginning, in the middle, and in the end, there is God. Nothing else even comes close to Him. ||3||	(ਸੰਸਾਰ ਰਚਨਾ ਦੇ) ਸ਼ੁਰੂ ਵਿਚ ਪ੍ਰਭੂ ਆਪ ਹੀ ਆਪ ਸੀ (ਦੁਨੀਆ ਦੇ) ਅੰਤ ਵਿਚ ਪ੍ਰਭੂ ਆਪ ਹੀ ਆਪ ਹੋਵੇਗਾ (ਹੁਣ ਸੰਸਾਰ ਰਚਨਾ ਦੇ) ਮੱਧ ਵਿਚ ਪ੍ਰਭੂ ਆਪ ਹੀ ਆਪ ਹੈ। ਮੈਂ ਕਿਸੇ ਹੋਰ ਨੂੰ ਬਰਾਬਰ ਦਾ ਨਹੀਂ ਸਮਝ ਸਕਦਾ ॥੩॥
4340	107	ਕਰਿ ਕਿਰਪਾ ਮੇਰੇ ਦੀਨ ਦਇਆਲਾ॥		Kar Kirapaa Maerae Dheen Dhaeiaalaa ||	Take pity on me, O my Lord, Merciful to the meek.	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਮੇਰੇ ਪ੍ਰਭੂ! (ਮੇਰੇ ਉਤੇ) ਕਿਰਪਾ ਕਰ।
4341	107	ਜਾਚਿਕੁ ਜਾਚੈ ਸਾਧ ਰਵਾਲਾ॥		Jaachik Jaachai Saadhh Ravaalaa ||	I am a beggar, begging for the dust of the feet of the Holy.	(ਤੇਰਾ ਇਹ) ਮੰਗਤਾ (ਤੇਰੇ ਪਾਸੋਂ) ਗੁਰੂ ਦੇ ਚਰਨਾਂ ਦੀ ਧੂੜ ਮੰਗਦਾ ਹੈ।
4342	107	ਦੇਹਿ ਦਾਨੁ ਨਾਨਕੁ ਜਨੁ ਮਾਗੈ ਸਦਾ ਸਦਾ ਹਰਿ ਧਿਆਈ ਜੀਉ॥੪॥੩੮॥੪੫॥		Dhaehi Dhaan Naanak Jan Maagai Sadhaa Sadhaa Har Dhhiaaee Jeeo ||4||38||45||	Servant Nanak begs for this gift: let me meditate on the Lord, forever and ever. ||4||38||45||	(ਤੇਰਾ) ਦਾਸ ਨਾਨਕ (ਤੈਥੋਂ) ਮੰਗਦਾ ਹੈ (ਇਹ) ਦਾਨ ਦੇਹਿ ਕਿ ਮੈਂ, ਹੇ ਹਰੀ! ਸਦਾ ਹੀ ਸਦਾ ਹੀ (ਤੈਨੂੰ) ਸਿਮਰਦਾ ਰਹਾਂ ॥੪॥੩੮॥੪੫॥
4343	107	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	

4344	107	ਐਥੈ ਤੂੰਹੈ ਆਗੈ ਆਪੇ॥		Aithhai Thoonhai Aagai Aapae ||	You are here, and You are hereafter.	ਹੇ ਕਰਤਾਰ! ਇਸ ਲੋਕ ਵਿਚ ਮੇਰਾ ਤੂੰ ਹੀ ਸਹਾਰਾ ਹੈਂ, ਤੇ ਪਰਲੋਕ ਵਿਚ ਭੀ ਮੇਰਾ ਤੂੰ ਆਪ ਹੀ ਆਸਰਾ ਹੈਂ।
4345	107	ਜੀਅ ਜੰਤ੍ਰ ਸਭਿ ਤੇਰੇ ਥਾਪੇ॥		Jeea Janthr Sabh Thaerae Thhaapae ||	All beings and creatures were created by You.	ਸਾਰੇ ਜੀਅ ਜੰਤ ਤੇਰੇ ਹੀ ਸਹਾਰੇ ਹਨ।
4346	107	ਤੁਧੁ ਬਿਨੁ ਅਵਰੁ ਨ ਕੋਈ ਕਰਤੇ ਮੈ ਧਰ ਓਟ ਤੁਮਾਰੀ ਜੀਉ॥੧॥	(ਧਰ) ਆਸਰਾ	Thudhh Bin Avar N Koee Karathae Mai Dhhar Outt Thumaaree Jeeo ||1||	Without You, there is no other, O Creator. You are my Support and my Protection. ||1||	ਹੇ ਕਰਤਾਰ! ਤੈਥੋਂ ਬਿਨਾ ਮੈਨੂੰ ਕੋਈ ਹੋਰ (ਸਹਾਈ) ਨਹੀਂ (ਦਿੱਸਦਾ), ਮੈਨੂੰ ਤੇਰੀ ਹੀ ਓਟ ਹੈ ਤੇਰਾ ਹੀ ਆਸਰਾ ਹੈ ॥੧॥
4347	107	ਰਸਨਾ ਜਪਿ ਜਪਿ ਜੀਵੈ ਸੁਆਮੀ॥		Rasanaa Jap Jap Jeevai Suaamee ||	The tongue lives by chanting and meditating on the Lord's Name.	(ਤੇਰਾ ਸੇਵਕ ਤੇਰਾ ਨਾਮ ਆਪਣੀ) ਜੀਭ ਨਾਲ ਜਪ ਜਪ ਕੇ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ।
4348	107	ਪਾਰਬ੍ਰਹਮ ਪ੍ਰਭ ਅੰਤਰਜਾਮੀ॥		Paarabreham Prabh Antharajaamee ||	The Supreme Lord God is the Inner-knower, the Searcher of hearts.	ਹੇ ਸੁਆਮੀ! ਹੇ ਪਾਰਬ੍ਰਹਮ! ਹੇ ਅੰਤਰਜਾਮੀ ਪ੍ਰਭੂ!
4349	107	ਜਿਨਿ ਸੇਵਿਆ ਤਿਨ ਹੀ ਸੁਖੁ ਪਾਇਆ ਸੋ ਜਨਮੁ ਨ ਜੂਐ ਹਾਰੀ ਜੀਉ॥੨॥		Jin Saeviaa Thin Hee Sukh Paaeiaa So Janam N Jooai Haaree Jeeo ||2||	Those who serve the Lord find peace; they do not lose their lives in the gamble. ||2||	ਜਿਸ ਮਨੁੱਖ ਨੇ ਤੇਰੀ ਸੇਵਾ-ਭਗਤੀ ਕੀਤੀ ਉਸੇ ਨੇ ਹੀ ਆਤਮਕ ਆਨੰਦ ਮਾਣਿਆ, ਉਹ ਮਨੁੱਖ ਆਪਣਾ ਮਨੁੱਖਾ ਜਨਮ ਅਜਾਈਂ ਨਹੀਂ ਗਵਾਂਦਾ (ਜਿਵੇਂ ਕਿ ਜੁਆਰੀਆ ਜੂਏ ਵਿਚ ਸਭ ਕੁਝ ਹਾਰ ਜਾਂਦਾ ਹੈ) ॥੨॥

4350	107	ਨਾਮੁ ਅਵਖਧੁ ਜਿਨਿ ਜਨ ਤੇਰੈ ਪਾਇਆ॥	(ਅਵਖਧੁ) ਦਵਾਈ	Naam Avakhadhh Jin Jan Thaerai Paaeiaa ||	Your humble servant, who obtains the Medicine of the Naam,	(ਹੇ ਪ੍ਰਭੂ!) ਤੇਰੇ ਜਿਸ ਸੇਵਕ ਨੇ ਤੇਰਾ ਨਾਮ (-ਰੂਪ) ਦਵਾਈ ਲੱਭ ਲਈ,
4351	108	ਜਨਮ ਜਨਮ ਕਾ ਰੋਗੁ ਗਵਾਇਆ॥		Janam Janam Kaa Rog Gavaaeiaa ||	Is rid of the illnesses of countless lifetimes and incarnations.	ਉਸ ਨੇ ਕਈ ਜਨਮਾਂ (ਦੇ ਵਿਕਾਰਾਂ) ਦਾ ਰੋਗ (ਉਸ ਦਵਾਈ ਨਾਲ) ਦੂਰ ਕਰ ਲਿਆ।
4352	108	ਹਰਿ ਕੀਰਤਨੁ ਗਾਵਹੁ ਦਿਨੁ ਰਾਤੀ ਸਫਲ ਏਹਾ ਹੈ ਕਾਰੀ ਜੀਉ॥੩॥		Har Keerathan Gaavahu Dhin Raathee Safal Eaehaa Hai Kaaree Jeeo ||3||	So sing the Kirtan of the Lord's Praises, day and night. This is the most fruitful occupation. ||3||	(ਹੇ ਭਾਈ!) ਰਾਤ ਦਿਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦੇ ਰਹੋ, ਇਹੀ ਕਾਰ ਲਾਭ ਦੇਣ ਵਾਲੀ ਹੈ ॥੩॥
4353	108	ਦ੍ਰਿਸਟਿ ਧਾਰਿ ਅਪਨਾ ਦਾਸੁ ਸਵਾਰਿਆ॥		Dhrisatt Dhhaar Apanaa Dhaas Savaariaa ||	Bestowing His Glance of Grace, He has adorned His slave.	(ਪ੍ਰਭੂ ਨੇ ਜੇਹੜਾ) ਆਪਣਾ ਸੇਵਕ (ਆਪਣੀ) ਮਿਹਰ ਦੀ ਨਿਗਾਹ ਕਰ ਕੇ ਸੁਚੱਜੇ ਜੀਵਨ ਵਾਲਾ ਬਣਾ ਦਿੱਤਾ,
4354	108	ਘਟ ਘਟ ਅੰਤਰਿ ਪਾਰਬ੍ਰਹਮੁ ਨਮਸਕਾਰਿਆ॥		Ghatt Ghatt Anthar Paarabreham Namasakaariaa ||	Deep within each and every heart, the Supreme Lord is humbly worshipped.	ਉਸ ਨੇ ਹਰੇਕ ਸਰੀਰ ਵਿਚ ਉਸ ਪਰਮਾਤਮਾ ਨੂੰ (ਵੇਖ ਕੇ ਹਰੇਕ ਅੱਗੇ) ਆਪਣਾ ਸਿਰ ਨਿਵਾਇਆ (ਭਾਵ, ਹਰੇਕ ਨਾਲ ਪ੍ਰੇਮ ਪਿਆਰ ਵਾਲਾ ਵਰਤਾਵ ਕੀਤਾ)।

4355	108	ਇਕਸੁ ਵਿਣੁ ਹੋਰੁ ਦੂਜਾ ਨਾਹੀ ਬਾਬਾ ਨਾਨਕ ਇਹ ਮਤਿ ਸਾਰੀ ਜੀਉ॥੪॥੩੯॥੪੬॥	(ਸਾਰੀ) ਸ੍ਰੇਸ਼ਟ	Eikas Vin Hor Dhoojaa Naahee Baabaa Naanak Eih Math Saaree Jeeo ||4||39||46||	Without the One, there is no other at all. O Baba Nanak, this is the most excellent wisdom. ||4||39||46||	ਹੇ ਨਾਨਕ! (ਆਖ-) ਹੇ ਭਾਈ! ਇਕ ਪਰਮਾਤਮਾ ਤੋਂ ਬਿਨਾ ਹੋਰ ਕੋਈ (ਉਸ ਵਰਗਾ) ਨਹੀਂ ਹੈ- ਇਹੀ ਸਭ ਤੋਂ ਸ੍ਰੇਸ਼ਟ ਸੂਝ ਹੈ ॥੪॥੩੯॥੪੬॥
4356	108	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4357	108	ਮਨੁ ਤਨੁ ਰਤਾ ਰਾਮ ਪਿਆਰੇ॥	ਰੱਤਾ	Man Than Rathaa Raam Piaarae ||	My mind and body are imbued with love for the Lord.	(ਹੇ ਭਾਈ! ਜੇ ਤੂੰ ਇਹ ਲੋੜਦਾ ਹੈਂ ਕਿ ਤੇਰਾ) ਮਨ (ਤੇਰਾ) ਸਰੀਰ ਪਿਆਰੇ ਪ੍ਰਭੂ (ਦੇ ਪ੍ਰੇਮ-ਰੰਗ) ਵਿਚ ਰੰਗਿਆ ਰਹੇ,
4358	108	ਸਰਬਸੁ ਦੀਜੈ ਅਪਨਾ ਵਾਰੇ॥	(ਸਰਬਸੁ) ਸਭ ਕੁੱਝ	Sarabas Dheejai Apanaa Vaarae ||	I sacrifice everything for Him.	(ਤਾਂ) ਆਪਣਾ ਸਭ ਕੁਛ ਸਦਕੇ ਕਰ ਕੇ (ਉਸ ਪ੍ਰੇਮ ਦੇ ਵੱਟੇ) ਦੇ ਦੇਣਾ ਚਾਹੀਦਾ ਹੈ।
4359	108	ਆਠ ਪਹਰ ਗੋਵਿੰਦ ਗੁਣ ਗਾਈਐ ਬਿਸਰੁ ਨ ਕੋਈ ਸਾਸਾ ਜੀਉ॥੧॥		Aath Pehar Govindh Gun Gaaeeai Bisar N Koee Saasaa Jeeo ||1||	Twenty-four hours a day, sing the Glorious Praises of the Lord of the Universe. Do not forget Him, for even one breath. ||1||	ਅੱਠੇ ਪਹਰ ਗੋਬਿੰਦ ਦੇ ਗੁਣ ਗਾਣੇ ਚਾਹੀਦੇ ਹਨ। (ਹੇ ਭਾਈ!) ਕੋਈ ਇੱਕ ਸਾਹ (ਲੈਂਦਿਆਂ ਭੀ ਪਰਮਾਤਮਾ ਨੂੰ) ਨਾਹ ਭੁਲਾ ॥੧॥
4360	108	ਸੋਈ ਸਾਜਨ ਮੀਤੁ ਪਿਆਰਾ॥		Soee Saajan Meeth Piaaraa ||	He is a companion, a friend, and a beloved of mine,	ਉਹੋ ਹੀ ਸੱਜਣ-ਪ੍ਰਭੂ ਦਾ ਪਿਆਰਾ ਮਿਤ੍ਰ ਹੈ,

4361	108	ਰਾਮ ਨਾਮੁ ਸਾਧਸੰਗਿ ਬੀਚਾਰਾ॥		Raam Naam Saadhhasang Beechaaraa ||	Who reflects upon the Lord's Name, in the Company of the Holy.	ਜੇਹੜਾ ਮਨੁੱਖ ਸਾਧ ਸੰਗਤਿ ਵਿਚ (ਟਿਕ ਕੇ) ਪਰਮਾਤਮਾ ਦੇ ਨਾਮ ਨੂੰ ਵਿਚਾਰਦਾ ਹੈ।
4362	108	ਸਾਧੂਸੰਗਿ ਤਰੀਜੈ ਸਾਗਰੁ ਕਟੀਐ ਜਮ ਕੀ ਫਾਸਾ ਜੀਉ॥੨॥	ਤਰੀਜੈ। ਫਾਂਸਾ। ਕੱਟੀਐ	Saadhhoo Sang Thareejai Saagar Katteeai Jam Kee Faasaa Jeeo ||2||	In the Saadh Sangat, the Company of the Holy, cross over the world-ocean, and the noose of death shall be cut away. ||2||	ਸਾਧ ਸੰਗਤਿ ਵਿਚ (ਰਿਹਾਂ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ, ਤੇ ਜਮਾਂ ਵਾਲੀ ਫਾਹੀ ਕੱਟੀ ਜਾਂਦੀ ਹੈ ॥੨॥
4363	108	ਚਾਰਿ ਪਦਾਰਥ ਹਰਿ ਕੀ ਸੇਵਾ॥		Chaar Padhaarathh Har Kee Saevaa ||	The four cardinal blessings are obtained by serving the Lord.	(ਹੇ ਭਾਈ!) ਪਰਮਾਤਮਾ ਦੀ ਸੇਵਾ-ਭਗਤੀ ਹੀ (ਦੁਨੀਆ ਦੇ ਪ੍ਰਸਿਧ) ਚਾਰ ਪਦਾਰਥ ਹਨ।
4364	108	ਪਾਰਜਾਤੁ ਜਪਿ ਅਲਖ ਅਭੇਵਾ॥	(ਪਾਰ-ਜਾਤੁ) ਮਨੋਕਾਮਨਾ ਪੂਰੀਆਂ ਕਰਨ ਵਾਲੇ ਵਾਹਿਗੁਰੂ ਜੀ। ਅ-ਲਖ: ਪੋਲਾ ਬੋਲੋ	Paarajaath Jap Alakh Abhaevaa ||	The Elysian Tree, the source of all blessings, is meditation on the Unseen and Unknowable Lord.	(ਹੇ ਭਾਈ!) ਅਲੱਖ ਅਭੇਵ ਪ੍ਰਭੂ ਦਾ ਨਾਮ ਜਪ, ਇਹੀ ਪਾਰਜਾਤ (-ਰੁੱਖ ਮਨੋਕਾਮਨਾ ਪੂਰੀਆਂ ਕਰਨ ਵਾਲਾ) ਹੈ।
4365	108	ਕਾਮੁ ਕ੍ਰੋਧੁ ਕਿਲਬਿਖ ਗੁਰਿ ਕਾਟੇ ਪੂਰਨ ਹੋਈ ਆਸਾ ਜੀਉ॥੩॥	(ਕਿਲਬਿਖ) ਪਾਪ	Kaam Krodhh Kilabikh Gur Kaattae Pooran Hoee Aasaa Jeeo ||3||	The Guru has cut out the sinful mistakes of sexual desire and anger, and my hopes have been fulfilled. ||3||	ਜਿਸ ਮਨੁੱਖ (ਦੇ ਅੰਦਰੋਂ) ਗੁਰੂ ਨੇ ਕਾਮ ਦੂਰ ਕਰ ਦਿੱਤਾ ਹੈ ਕ੍ਰੋਧ ਦੂਰ ਕਰ ਦਿੱਤਾ ਜਿਸ ਦੇ ਸਾਰੇ ਪਾਪ ਗੁਰੂ ਨੇ ਕੱਟ ਦਿੱਤੇ ਹਨ, ਉਸ ਦੀ (ਹਰੇਕ ਕਿਸਮ ਦੀ) ਆਸਾ ਪੂਰੀ ਹੋ ਗਈ ॥੩॥

4366	108	ਪੂਰਨ ਭਾਗ ਭਏ ਜਿਸੁ ਪ੍ਰਾਣੀ॥		Pooran Bhaag Bheae Jis Praanee ||	That mortal who is blessed by perfect destiny meets the Lord,	(ਹੇ ਭਾਈ!) ਜਿਸ ਮਨੁੱਖ ਦੇ ਪੂਰੇ ਭਾਗ ਜਾਗ ਪੈਣ,
4367	108	ਸਾਧਸੰਗਿ ਮਿਲੇ ਸਾਰੰਗਪਾਣੀ॥	(ਸਾਰੰਗਪਾਣੀ) ਵਾਹਿਗੁਰੂ ਜੀ	Saadhhasang Milae Saarangapaanee ||	The Sustainer of the Universe, in the Company of the Holy.	ਉਸ ਨੂੰ ਸਾਧ ਸੰਗਤਿ ਵਿਚ ਪਰਮਾਤਮਾ ਮਿਲ ਪੈਂਦਾ ਹੈ।
4368	108	ਨਾਨਕ ਨਾਮੁ ਵਸਿਆ ਜਿਸੁ ਅੰਤਰਿ ਪਰਵਾਣੁ ਗਿਰਸਤ ਉਦਾਸਾ ਜੀਉ॥੪॥੪੦॥੪੭॥	ਪਰ-ਵਾਣੁ। ਗਿ-ਰਸਤ।	Naanak Naam Vasiaa Jis Anthar Paravaan Girasath Oudhaasaa Jeeo ||4||40||47||	O Nanak, if the Naam, the Name of the Lord, dwells within the mind, one is approved and accepted, whether he is a house-holder or a renunciate. ||4||40||47||	ਹੇ ਨਾਨਕ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ, ਉਹ ਘਰ-ਬਾਰੀ ਹੁੰਦਾ ਹੋਇਆ ਹੀ ਮਾਇਆ ਤੋਂ ਨਿਰਲੇਪ ਰਹਿੰਦਾ ਹੈ ਤੇ ਉਹ ਪ੍ਰਭੂ ਦੇ ਦਰ ਤੇ ਕਬੂਲ ਹੁੰਦਾ ਹੈ ॥੪॥੪੦॥੪੭॥
4369	108	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4370	108	ਸਿਮਰਤ ਨਾਮੁ ਰਿਦੈ ਸੁਖੁ ਪਾਇਆ॥		Simarath Naam Ridhai Sukh Paaeiaa ||	Meditating on the Naam, the Name of the Lord, my heart is filled with peace.	ਉਸ ਨੇ ਹੀ ਨਾਮ ਸਿਮਰ ਕੇ ਹਿਰਦੇ ਵਿਚ ਆਤਮਕ ਆਨੰਦ ਮਾਣਿਆ ਹੈ,
4371	108	ਕਰਿ ਕਿਰਪਾ ਭਗਤੰੀ ਪ੍ਰਗਟਾਇਆ॥		Kar Kirapaa Bhagathanaee Pragattaaeiaa ||	By His Grace, His devotees become famous and acclaimed.	(ਜਿਸ ਮਨੁੱਖ ਦੇ ਹਿਰਦੇ ਵਿਚ) ਭਗਤ ਜਨਾਂ ਨੇ ਕਿਰਪਾ ਕਰ ਕੇ (ਪਰਮਾਤਮਾ ਦਾ ਨਾਮ) ਪਰਗਟ ਕਰ ਦਿੱਤਾ।

4372	108	ਸੰਤਸੰਗਿ ਮਿਲਿ ਹਰਿ ਹਰਿ ਜਪਿਆ ਬਿਨਸੇ ਆਲਸ ਰੋਗਾ ਜੀਉ॥੧॥	(ਬਿਨਸੇ)ਨਾਸ ਹੋ ਗਏ	Santhasang Mil Har Har Japiaa Binasae Aalas Rogaa Jeeo ||1||	Joining the Society of the Saints, I chant the Name of the Lord, Har, Har; the disease of laziness has disappeared. ||1||	ਸਾਧ ਸੰਗਤਿ ਵਿਚ ਮਿਲ ਕੇ ਜਿਸ ਨੇ ਸਦਾ ਹਰੀ-ਨਾਮ ਜਪਿਆ, ਉਸ ਦੇ ਸਾਰੇ ਆਲਸ ਉਸ ਦੇ ਸਾਰੇ ਰੋਗ ਦੂਰ ਹੋ ਗਏ ॥੧॥
4373	108	ਜਾ ਕੈ ਗ੍ਰਿਹਿ ਨਵ ਨਿਧਿ ਹਰਿ ਭਾਈ॥	ਗ੍ਰਿਹਿ	Jaa Kai Grihi Nav Nidhh Har Bhaaee ||	O Siblings of Destiny, the nine treasures are found in the Home of the Lord;	ਹੇ ਭਾਈ! ਜਿਸ ਹਰੀ ਦੇ ਘਰ ਵਿਚ ਨੌ ਹੀ ਖ਼ਜ਼ਾਨੇ ਮੌਜੂਦ ਹਨ,
4374	108	ਤਿਸੁ ਮਿਲਿਆ ਜਿਸੁ ਪੁਰਬ ਕਮਾਈ॥		This Miliaa Jis Purab Kamaaee ||	He comes to meet those who deserve it by their past actions.	ਉਹ ਹਰੀ ਉਸ ਮਨੁੱਖ ਨੂੰ ਮਿਲਦਾ ਹੈ (ਗੁਰੂ ਦੀ ਰਾਹੀਂ) ਜਿਸ ਦੀ ਪਹਿਲੇ ਜਨਮਾਂ ਵਿਚ ਕੀਤੀ ਨੇਕ ਕਮਾਈ ਦੇ ਸੰਸਕਾਰ ਜਾਗ ਪੈਂਦੇ ਹਨ।
4375	108	ਗਿਆਨ ਧਿਆਨ ਪੂਰਨ ਪਰਮੇਸੁਰ ਪ੍ਰਭੁ ਸਭਨਾ ਗਲਾ ਜੋਗਾ ਜੀਉ॥੨॥	ਗੱਲਾਂ (ਜੋੱਗਾ) ਸਮਰੱਥ	Giaan Dhhiaan Pooran Paramaesur Prabh Sabhanaa Galaa Jogaa Jeeo ||2||	The Perfect Transcendent Lord is spiritual wisdom and meditation. God is All-powerful to do all things. ||2||	ਉਸ ਦੀ ਪੂਰਨ ਪਰਮਾਤਮਾ ਨਾਲ ਡੂੰਘੀ ਸਾਂਝ ਬਣ ਜਾਂਦੀ ਹੈ, ਉਸ ਦੀ ਪੂਰਨ ਪ੍ਰਭੂ ਵਿਚ ਸੁਰਤ ਜੁੜੀ ਰਹਿੰਦੀ ਹੈ, ਉਸ ਨੂੰ ਯਕੀਨ ਹੋ ਜਾਂਦਾ ਹੈ ਕਿ ਪਰਮਾਤਮਾ ਸਭ ਕੰਮ ਕਰਨ ਦੀ ਸਮਰਥਾ ਰੱਖਦਾ ਹੈ ॥੨॥
4376	108	ਖਿਨ ਮਹਿ ਥਾਪਿ ਉਥਾਪਨਹਾਰਾ॥		Khin Mehi Thhaap Outhhaapanehaara ||	In an instant, He establishes and disestablishes.	(ਹੇ ਭਾਈ!) ਪਰਮਾਤਮਾ (ਸਾਰਾ ਜਗਤ) ਰਚ ਕੇ ਇਕ ਖਿਨ ਵਿਚ (ਇਸ ਨੂੰ) ਨਾਸ ਕਰਨ ਦੀ ਭੀ ਤਾਕਤ ਰੱਖਦਾ ਹੈ।

4377	108	ਆਪਿ ਇਕੰਤੀ ਆਪਿ ਪਸਾਰਾ॥	ਪੂਰਨ ਗੁਰੂ ਜੀ ਖੰਡਾਂ ਬ੍ਰਹਮੰਡਾਂ ਚ ਵਿਆਪਕ ਇਕੋ ਇਕ ਪ੍ਰਕਾਸ਼ ਸਰੂਪ (ਇਕੰਤੀ) ਇੱਕ ਨਿਰਗੁਨ ਸਰੂਪ ਹਨ ਅਤੇ ਗੁਰੂ ਜੀ ਆਪ ਹੀ (ਪਸਾਰਾ) ਸਰਗੁਨ ਸਰੂਪ ਹੁਣ ਹੋ ਰਹੇ ਹਨ	Aap Eikanthee Aap Pasaaraa ||	He Himself is the One, and He Himself is the Many.	ਉਹ ਆਪ ਹੀ (ਨਿਰਗੁਣ-ਸਰੂਪ ਹੋ ਕੇ) ਇਕੱਲਾ (ਹੋ ਜਾਂਦਾ) ਹੈ, ਤੇ ਆਪ ਹੀ (ਆਪਣੇ ਆਪੇ ਤੋਂ ਸਰਗੁਣ ਰੂਪ ਧਾਰ ਕੇ) ਜਗਤ-ਰਚਨਾ ਕਰ ਦੇਂਦਾ ਹੈ।
4378	108	ਲੇਪੁ ਨਹੀ ਜਗਜੀਵਨ ਦਾਤੇ ਦਰਸਨ ਡਿਠੇ ਲਹਨਿ ਵਿਜੋਗਾ ਜੀਉ॥੩॥	(ਵਿਜੋਗਾ) ਵਿਛੋੜਾ। ਜੱਗਜੀਵਨ, ਲਹ–ਨਿ	Laep Nehee Jagajeevan Dhaathae Dharasan Ddithae Lehan Vijogaa Jeeo ||3||	Filth does not stick to the Giver, the Life of the World. Gazing upon the Blessed Vision of His Darshan, the pain of separation departs. ||3||	ਉਸ ਕਰਤਾਰ ਨੂੰ, ਜਗਤ-ਦੇ-ਜੀਵਨ ਉਸ ਪ੍ਰਭੂ ਨੂੰ ਮਾਇਆ ਦਾ ਪ੍ਰਭਾਵ ਪੋਹ ਨਹੀਂ ਸਕਦਾ। ਉਸ ਦਾ ਦਰਸਨ ਕੀਤਿਆਂ ਸਾਰੇ ਵਿਛੋੜੇ ਲਹਿ ਜਾਂਦੇ ਹਨ (ਪ੍ਰਭੂ ਤੋਂ ਵਿਛੋੜਾ ਪਾਣ ਵਾਲੇ ਸਾਰੇ ਪ੍ਰਭਾਵ ਮਨ ਤੋਂ ਲਹਿ ਜਾਂਦੇ ਹਨ) ॥੩॥
4379	108	ਅੰਚਲਿ ਲਾਇ ਸਭ ਸਿਸਟਿ ਤਰਾਈ॥	(ਅੰਚਲਿ) ਲੜ	Anchal Laae Sabh Sisatt Tharaaee ||	Holding on to the hem of His Robe, the entire Universe is saved.	(ਹੇ ਭਾਈ! ਗੁਰੂ ਦੇ) ਪੱਲੇ ਲਾ ਕੇ (ਪ੍ਰਭੂ ਆਪ ਹੀ) ਸਾਰੀ ਸ੍ਰਿਸ਼ਟੀ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਂਦਾ ਹੈ,
4380	108	ਆਪਣਾ ਨਾਉ ਆਪਿ ਜਪਾਈ॥		Aapanaa Naao Aap Japaaee ||	He Himself causes His Name to be chanted.	ਪ੍ਰਭੂ (ਗੁਰੂ ਦੀ ਰਾਹੀਂ) ਆਪਣਾ ਨਾਮ ਆਪ ਹੀ (ਜੀਵਾਂ ਪਾਸੋਂ) ਜਪਾਂਦਾ ਹੈ।

4381	108	ਗੁਰ ਬੋਹਿਥੁ ਪਾਇਆ ਕਿਰਪਾ ਤੇ ਨਾਨਕ ਧੁਰਿ ਸੰਜੋਗਾ ਜੀਉ॥੪॥੪੧॥੪੮॥		Gur Bohithh Paaeiaa Kirapaa Thae Naanak Dhhur Sanjogaa Jeeo ||4||41||48||	The Boat of the Guru is found by His Grace; O Nanak, such blessed destiny is pre-ordained. ||4||41||48||	ਹੇ ਨਾਨਕ! ਪਰਮਾਤਮਾ ਦੀ ਧੁਰ-ਦਰਗਾਹ ਤੋਂ ਮਿਲਾਪ ਦੇ ਸਬਬ ਬਣਨ ਨਾਲ ਪਰਮਾਤਮਾ ਦੀ ਮਿਹਰ ਨਾਲ ਹੀ ਗੁਰੂ-ਜਹਾਜ਼ ਮਿਲਦਾ ਹੈ ॥੪॥੪੧॥੪੮॥
4382	108	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
4383	108	ਸੋਈ ਕਰਣਾ ਜਿ ਆਪਿ ਕਰਾਏ॥		Soee Karanaa J Aap Karaaeae ||	People do whatever the Lord inspires them to do.	(ਜੀਵ) ਉਹੀ ਕੰਮ ਕਰ ਸਕਦਾ ਹੈ, ਜੇਹੜਾ ਪਰਮਾਤਮਾ ਆਪ ਕਰਾਂਦਾ ਹੈ।
4384	108	ਜਿਥੈ ਰਖੈ ਸਾ ਭਲੀ ਜਾਏ॥	(ਜਾਏ) ਜਗ੍ਹਾ, ਸਥਾਨ	Jithhai Rakhai Saa Bhalee Jaaeae ||	Wherever He keeps us is a good place.	(ਜੀਵ ਨੂੰ) ਜਿਸ ਥਾਂ ਪਰਮਾਤਮਾ ਰੱਖਦਾ ਹੈ, ਉਹੀ ਥਾਂ (ਜੀਵ ਵਾਸਤੇ) ਚੰਗੀ ਹੁੰਦੀ ਹੈ।
4385	108	ਸੋਈ ਸਿਆਣਾ ਸੋ ਪਤਿਵੰਤਾ ਹੁਕਮੁ ਲਗੈ ਜਿਸੁ ਮੀਠਾ ਜੀਉ॥੧॥	(ਪਤਿ-ਵੰਤਾ) ਇੱਜ਼ਤ ਵਾਲਾ	Soee Siaanaa So Pathivanthaa Hukam Lagai Jis Meethaa Jeeo ||1||	That person is clever and honorable, unto whom the Hukam of the Lord's Command seems sweet. ||1||	ਉਹੀ ਮਨੁੱਖ ਅਕਲ ਵਾਲਾ ਹੈ ਉਹੀ ਮਨੁੱਖ ਇੱਜ਼ਤ ਵਾਲਾ ਹੈ, ਜਿਸਨੂੰ ਪਰਮਾਤਮਾ ਦਾ ਹੁਕਮ ਪਿਆਰਾ ਲਗਦਾ ਹੈ ॥੧॥
4386	108	ਸਭ ਪਰੋਈ ਇਕਤੁ ਧਾਗੈ॥		Sabh Paroee Eikath Dhhaagai ||	Everything is strung upon the One String of the Lord.	ਪਰਮਾਤਮਾ ਨੇ ਸਾਰੀ ਸ੍ਰਿਸ਼ਟੀ ਨੂੰ ਆਪਣੇ (ਹੁਕਮ-ਰੂਪ) ਧਾਗੇ ਵਿਚ ਪ੍ਰੋ ਰੱਖਿਆ ਹੈ।

4387	108	ਜਿਸੁ ਲਾਇ ਲਏ ਸੋ ਚਰਣੀ ਲਾਗੈ॥		Jis Laae Leae So Charanee Laagai ||	Those whom the Lord attaches, are attached to His Feet.	ਜਿਸ ਜੀਵ ਨੂੰ ਪ੍ਰਭੂ (ਆਪਣੀ ਚਰਨੀਂ) ਲਾਂਦਾ ਹੈ, ਉਹੀ ਚਰਨੀਂ ਲੱਗਦਾ ਹੈ।
4388	108	ਊਂਧ ਕਵਲੁ ਜਿਸੁ ਹੋਇ ਪ੍ਰਗਾਸਾ ਤਿਨਿ ਸਰਬ ਨਿਰੰਜਨੁ ਡੀਠਾ ਜੀਉ॥੨॥	(ਊਂਧ) ਉਲਟਾ	Oonadhh Kaval Jis Hoe Pragaasaa Thin Sarab Niranjan Ddeethaa Jeeo ||2||	Those, whose inverted lotus of the crown chakra is illuminated, see the Immaculate Lord everywhere. ||2||	ਉਸ ਮਨੁੱਖ ਨੇ (ਹੀ) ਨਿਰਲੇਪ ਪ੍ਰਭੂ ਨੂੰ ਹਰ ਥਾਂ ਵੇਖਿਆ ਹੈ, ਜਿਸ ਦਾ ਉਲਟਿਆ ਹੋਇਆ ਹਿਰਦਾ-ਕੌਲ-ਫੁੱਲ (ਪ੍ਰਭੂ ਨੇ ਆਪਣੀ ਮਿਹਰ ਨਾਲ ਆਪ) ਖਿੜਾ ਦਿੱਤਾ ਹੈ ॥੨॥
4389	108	ਤੇਰੀ ਮਹਿਮਾ ਤੂੰਹੈ ਜਾਣਹਿ॥		Thaeree Mehimaa Thoonhai Jaanehi ||	Only You Yourself know Your Glory.	ਹੇ ਪ੍ਰਭੂ! ਤੂੰ ਆਪ ਹੀ ਜਾਣਦਾ ਹੈ ਕਿ ਤੂੰ ਕਿਤਨਾ ਵੱਡਾ ਹੈਂ।
4390	108	ਅਪਣਾ ਆਪੁ ਤੂੰ ਆਪਿ ਪਛਾਣਹਿ॥		Apanaa Aap Thoon Aap Pashhaanehi ||	You Yourself recognize Your Own Self.	ਆਪਣੇ ਆਪ ਨੂੰ ਤੂੰ ਆਪ ਹੀ ਸਮਝ ਸਕਦਾ ਹੈਂ।
4391	108	ਹਉ ਬਲਿਹਾਰੀ ਸੰਤਨ ਤੇਰੇ ਜਿਨਿ ਕਾਮੁ ਕ੍ਰੋਧੁ ਲੋਭੁ ਪੀਠਾ ਜੀਉ॥੩॥	(ਪੀਠਾ) ਪੀਸਿਆ ਭਾਵ ਨਾਸ ਕੀਤਾ	Ho Balihaaree Santhan Thaerae Jin Kaam Krodhh Lobh Peethaa Jeeo ||3||	I am a sacrifice to Your Saints, who have crushed their sexual desire, anger and greed. ||3||	ਤੇਰੇ ਜਿਸ ਜਿਸ ਸੰਤ ਨੇ (ਤੇਰੀ ਮਿਹਰ ਨਾਲ ਆਪਣੇ ਅੰਦਰੋਂ) ਕਾਮ ਨੂੰ ਕ੍ਰੋਧ ਨੂੰ ਲੋਭ ਨੂੰ ਦੂਰ ਕੀਤਾ ਹੈ, ਮੈਂ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ ॥੩॥
4392	108	ਤੂੰ ਨਿਰਵੈਰੁ ਸੰਤ ਤੇਰੇ ਨਿਰਮਲ॥		Thoon Niravair Santh Thaerae Niramal ||	You have no hatred or vengeance; Your Saints are immaculate and pure.	ਹੇ ਪ੍ਰਭੂ! ਤੇਰੇ ਅੰਦਰ ਕਿਸੇ ਵਾਸਤੇ ਵੈਰ ਨਹੀਂ ਹੈ, ਤੇਰੇ ਸੰਤ ਭੀ (ਵੈਰ ਆਦਿਕ ਦੀ) ਮੈਲ ਤੋਂ ਰਹਿਤ ਹਨ।

4393	108	ਜਿਨ ਦੇਖੇ ਸਭ ਉਤਰਹਿ ਕਲਮਲ॥	ਉੱਤਰ-ਹਿ। (ਕਲ-ਮਲ) ਪਾਪ।	Jin Dhaekhae Sabh Outharehi Kalamal ||	Seeing them, all sins depart.	ਤੇਰੇ ਉਹਨਾਂ ਸੰਤ ਜਨਾਂ ਦਾ ਦਰਸਨ ਕੀਤਿਆਂ (ਹੋਰਨਾਂ ਦੇ ਭੀ) ਪਾਪ ਦੂਰ ਹੋ ਜਾਂਦੇ ਹਨ।
4394	108	ਨਾਨਕ ਨਾਮੁ ਧਿਆਇ ਧਿਆਇ ਜੀਵੈ ਬਿਨਸਿਆ ਭ੍ਰਮੁ ਭਉ ਧੀਠਾ ਜੀਉ॥੪॥੪੨॥੪੯॥	(ਧੀਠਾ) ਢੀਠ, ਜੰਮਿਆ ਹੋਇਆ	Naanak Naam Dhhiaae Dhhiaae Jeevai Binasiaa Bhram Bho Dhheethaa Jeeo ||4||42||49||	Nanak lives by meditating, meditating on the Naam. His stubborn doubt and fear have departed. ||4||42||49||	ਹੇ ਨਾਨਕ! (ਆਖ-ਹੇ ਪ੍ਰਭੂ! ਤੇਰਾ) ਨਾਮ ਸਿਮਰ ਸਿਮਰ ਕੇ ਜੇਹੜਾ ਮਨੁੱਖ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ ਉਸ ਦੇ ਮਨ ਵਿਚੋਂ ਅਮੋਲ ਭਟਕਣਾ ਤੇ ਡਰ ਦੂਰ ਹੋ ਜਾਂਦੇ ਹਨ ॥੪॥੪੨॥੪੯॥
4395	109	ਮਾਂਝ ਮਹਲਾ ੫॥		Maanjh Mehalaa 5 ||	Maajh, Fifth Mehl:	
4396	109	ਝੂਠਾ ਮੰਗਣੁ ਜੇ ਕੋਈ ਮਾਗੈ॥		Jhoothaa Mangan Jae Koee Maagai ||	One who asks for a false gift,	ਜੇ ਕੋਈ ਮਨੁੱਖ (ਸਦਾ) ਨਾਸਵੰਤ ਪਦਾਰਥਾਂ ਦੀ ਮੰਗ ਹੀ ਮੰਗਦਾ ਰਹੇ (ਤੇ ਨਾਮ ਸਿਮਰਨ ਦੀ ਦਾਤ ਕਦੇ ਭੀ ਨਾਹ ਮੰਗੇ),
4397	109	ਤਿਸ ਕਉ ਮਰਤੇ ਘੜੀ ਨ ਲਾਗੈ॥		This Ko Marathae Gharree N Laagai ||	Shall not take even an instant to die.	ਉਸ ਨੂੰ ਆਤਮਕ ਮੌਤ ਸਹੇੜਦਿਆਂ ਚਿਰ ਨਹੀਂ ਲਗਦਾ।
4398	109	ਪਾਰਬ੍ਰਹਮੁ ਜੋ ਸਦ ਹੀ ਸੇਵੈ ਸੋ ਗੁਰ ਮਿਲਿ ਨਿਹਚਲੁ ਕਹਣਾ॥੧॥	(ਨਿਹਚਲੁ) ਅਚੱਲ ਬ੍ਰਹਮ ਸਰੂਪ। ਕਹਣਾ	Paarabreham Jo Sadh Hee Saevai So Gur Mil Nihachal Kehanaa ||1||	But one who continually serves the Supreme Lord God and meets the Guru, is said to be immortal. ||1||	ਜੇਹੜਾ ਮਨੁੱਖ ਸਦਾ ਹੀ ਪਰਮੇਸ਼ਰ ਦੀ ਸੇਵਾ-ਭਗਤੀ ਕਰਦਾ ਹੈ, ਉਹ ਗੁਰੂ ਨੂੰ ਮਿਲ ਕੇ (ਮਾਇਆ ਦੀ ਤ੍ਰਿਸ਼ਨਾ ਵਲੋਂ) ਅਡੋਲ ਹੋ ਗਿਆ ਕਿਹਾ ਜਾ ਸਕਦਾ ਹੈ ॥੧॥

4399	109	ਪ੍ਰੇਮ ਭਗਤਿ ਜਿਸ ਕੈ ਮਨਿ ਲਾਗੀ॥		Praem Bhagath Jis Kai Man Laagee ||	One whose mind is dedicated to loving devotional worship	ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦੀ ਪਿਆਰ-ਭਰੀ ਭਗਤੀ (ਦੀ ਲਿਵ) ਲੱਗ ਜਾਂਦੀ ਹੈ,
4400	109	ਗੁਣ ਗਾਵੈ ਅਨ ਦਿਨੁ ਨਿਤਿ ਜਾਗੀ॥		Gun Gaavai Anadhin Nith Jaagee ||	Sings His Glorious Praises night and day, and remains forever awake and aware.	ਜੇਹੜਾ ਮਨੁੱਖ ਹਰ ਰੋਜ਼ ਸਦਾ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿ ਕੇ ਪਰਮਾਤਮਾ ਦੇ ਗੁਣ ਗਾਂਦਾ ਹੈ,
4401	109	ਬਾਹ ਪਕੜਿ ਤਿਸੁ ਸੁਆਮੀ ਮੇਲੈ ਜਿਸ ਕੈ ਮਸਤਕਿ ਲਹਣਾ॥੨॥	ਬਾਂਹ। (ਲਹ-ਣਾ) ਪ੍ਰਾਪਤ ਕਰਨਾ	Baah Pakarr This Suaamee Maelai Jis Kai Masathak Lehanaa ||2||	Taking him by the hand, the Lord and Master merges into Himself that person, upon whose forehead such destiny is written. ||2||	(ਉਸ ਦੀ) ਬਾਂਹ ਫੜ ਕੇ ਉਸ ਨੂੰ ਮਾਲਕ-ਪ੍ਰਭੂ (ਆਪਣੇ ਨਾਲ) ਮਿਲਾ ਲੈਂਦਾ ਹੈ (ਪਰ ਇਹ ਦਾਤ ਉਸੇ ਨੂੰ ਪ੍ਰਾਪਤ ਹੁੰਦੀ ਹੈ) ਜਿਸ ਦੇ ਮੱਥੇ ਉਤੇ ਇਹ ਦਾਤ ਹਾਸਲ ਕਰਨ ਦਾ ਲੇਖ ਮੌਜੂਦ ਹੋਵੇ (ਭਾਵ, ਜਿਸ ਦੇ ਅੰਦਰ ਪੂਰਬਲੇ ਸਮੇ ਵਿਚ ਕੀਤੇ ਕਰਮਾਂ ਅਨੁਸਾਰ ਸੇਵਾ-ਭਗਤੀ ਦੇ ਸੰਸਕਾਰ ਮੌਜੂਦ ਹੋਣ, ਗੁਰੂ ਨੂੰ ਮਿਲ ਕੇ ਉਸ ਦੇ ਉਹ ਸੰਸਕਾਰ ਜਾਗ ਪੈਂਦੇ ਹਨ) ॥੨॥
4402	109	ਚਰਨਕਮਲ ਭਗਤਾਂ ਮਨਿ ਵੁਠੇ॥	(ਵੁੱਠੇ) ਵਸਦੇ	Charan Kamal Bhagathaan Man Vuthae ||	His Lotus Feet dwell in the minds of His devotees.	ਭਗਤਾਂ ਦੇ ਮਨ ਵਿਚ ਪਰਮਾਤਮਾ ਦੇ ਸੋਹਣੇ ਚਰਨ (ਸਦਾ) ਵੱਸਦੇ ਰਹਿੰਦੇ ਹਨ।

4403	109	ਵਿਣੁ ਪਰਮੇਸਰ ਸਗਲੇ ਮੁਠੇ॥	(ਮੁੱਠੇ) ਲੁੱਟੇ	Vin Paramaesar Sagalae Muthae ||	Without the Transcendent Lord, all are plundered.	(ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ ਜਾਣਦੇ ਹਨ ਕਿ) ਪਰਮੇਸਰ ਦੇ ਚਰਨਾਂ ਵਿਚ ਜੁੜਨ ਤੋਂ ਬਿਨਾ ਸਾਰੇ ਹੀ ਜੀਵ (ਮਾਇਆ ਦੇ ਕਾਮਾਦਿਕ ਦੂਤਾਂ ਦੀ ਹੱਥੀਂ) ਲੁੱਟੇ ਜਾਂਦੇ ਹਨ।
4404	109	ਸੰਤ ਜਨਾਂ ਕੀ ਧੂੜਿ ਨਿਤ ਬਾਂਛਹਿ ਨਾਮੁ ਸਚੇ ਕਾ ਗਹਣਾ॥੩॥	(ਬਾਂਛਹਿ) ਚਾਹੁੰਦੇ, ਲੋਚਦੇ। ਗਹਣਾ	Santh Janaan Kee Dhhoorr Nith Baanshhehi Naam Sachae Kaa Gehanaa ||3||	I long for the dust of the feet of His humble servants. The Name of the True Lord is my decoration. ||3||	ਜੇਹੜੇ ਮਨੁੱਖ ਅਜੇਹੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਸਦਾ ਲੋੜਦੇ ਰਹਿੰਦੇ ਹਨ, ਉਹਨਾਂ ਨੂੰ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਨਾਮ ਮਿਲ ਜਾਂਦਾ ਹੈ ਜੋ ਉਹਨਾਂ ਦੇ ਜੀਵਨ ਨੂੰ ਸੰਵਾਰ ਦੇਂਦਾ ਹੈ ॥੩॥
4405	109	ਊਠਤ ਬੈਠਤ ਹਰਿ ਹਰਿ ਗਾਈਐ॥		Oothath Baithath Har Har Gaaeeai ||	Standing up and sitting down, I sing the Name of the Lord, Har, Har.	(ਹੇ ਭਾਈ!) ਉਠਦਿਆਂ ਬਹਿੰਦਿਆਂ (ਹਰ ਵੇਲੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ,
4406	109	ਜਿਸੁ ਸਿਮਰਤ ਵਰੁ ਨਿਹਚਲੁ ਪਾਈਐ॥		Jis Simarath Var Nihachal Paaeeai ||	Meditating in remembrance on Him, I obtain my Eternal Husband Lord.	ਕਿਉਂਕਿ ਉਸ ਦਾ ਸਿਮਰਨ ਕੀਤਿਆਂ ਉਹ ਖਸਮ-ਪ੍ਰਭੂ ਮਿਲ ਪੈ ਜਾਂਦਾ ਹੈ ਜੋ ਸਦਾ ਅਟੱਲ ਰਹਿਣ ਵਾਲਾ ਹੈ।

4407	109	ਨਾਨਕ ਕਉ ਪ੍ਰਭ ਹੋਇ ਦਇਆਲਾ ਤੇਰਾ ਕੀਤਾ ਸਹਣਾ॥੪॥੪੩॥੫੦॥	ਸਹਣਾ	Naanak Ko Prabh Hoe Dhaeiaalaa Thaeraa Keethaa Sehanaa ||4||43||50||	God has become merciful to Nanak. I cheerfully accept Your Will. ||4||43||50||	ਹੇ ਨਾਨਕ! (ਆਖ-ਹੇ ਪ੍ਰਭੂ!) ਜਿਸ ਉਤੇ ਤੂੰ ਦਇਆਵਾਨ ਹੁੰਦਾ ਹੈਂ (ਉਹ ਉਠਦਿਆਂ ਬੈਠਦਿਆਂ ਤੇਰਾ ਨਾਮ ਸਿਮਰਦਾ ਹੈ ਤੇ ਇਸ ਤਰ੍ਹਾਂ) ਉਸ ਨੂੰ ਤੇਰੀ ਰਜ਼ਾ ਪਿਆਰੀ ਲਗਦੀ ਹੈ ॥੪॥੪੩॥੫੦॥
4408	109	ਰਾਗੁ ਮਾਝ ਅਸਟਪਦੀਆ ਮਹਲਾ ੧ ਘਰੁ ੧	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Raag Maajh Asattapadheeaa Mehalaa 1 Ghar 1	Raag Maajh, Ashtapadees: First Mehl, First House:	
4409	109	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	
4410	109	ਸਬਦਿ ਰੰਗਾਏ ਹੁਕਮਿ ਸਬਾਏ॥	(ਸਬਾਏ) ਸਾਰੇ	Sabadh Rangaaeae Hukam Sabaaeae ||	By His Command, all are attuned to the Word of the Shabad,	ਗੁਰੂ ਦੇ ਸ਼ਬਦ ਦੀ ਰਾਹੀਂ ਜੇਹੜੇ ਤੇਰੇ ਹੁਕਮ ਵਿਚ ਤੁਰਦੇ ਹਨ,
4411	109	ਸਚੀ ਦਰਗਹ ਮਹਲਿ ਬੁਲਾਏ॥		Sachee Dharageh Mehal Bulaaeae ||	And all are called to the Mansion of His Presence, the True Court of the Lord.	ਉਹ ਸਾਰੇ ਤੇਰੀ ਸਦਾ-ਥਿਰ ਦਰਗਾਹ ਵਿਚ ਤੇਰੇ ਮਹਲ ਵਿਚ ਸੱਦ ਲਏ ਜਾਂਦੇ ਹਨ।

4412	109	ਸਚੇ ਦੀਨ ਦਇਆਲ ਮੇਰੇ ਸਾਹਿਬਾ ਸਚੇ ਮਨੁ ਪਤੀਆਵਣਿਆ॥੧॥	ਪਤੀ-ਆਵਣਿਆ: ਬਿਹਾਰੀ ਦੱਬਵੀਂ ਬੋਲੋ	Sachae Dheen Dhaeiaal Maerae Saahibaa Sachae Man Patheeaavaniaa ||1||	O my True Lord and Master, Merciful to the meek, my mind is pleased and appeased by the Truth. ||1||	ਹੇ ਸਦਾ-ਥਿਰ ਰਹਿਣ ਵਾਲੇ! ਹੇ ਦੀਨਾਂ ਤੇ ਦਇਆ ਕਰਨ ਵਾਲੇ ਮੇਰੇ ਮਾਲਿਕ! ਉਨ੍ਹਾਂ ਨੇ ਆਪਣੇ ਮਨ ਨੂੰ ਤੇਰੇ ਸਦਾ-ਥਿਰ ਨਾਮ ਵਿਚ ਗਿਝਾ ਲਿਆ ਹੈ ॥੧॥
4413	109	ਹਉ ਵਾਰੀ ਜੀਉ ਵਾਰੀ ਸਬਦਿ ਸੁਹਾਵਣਿਆ॥		Ho Vaaree Jeeo Vaaree Sabadh Suhaavaniaa ||	I am a sacrifice, my soul is a sacrifice, to those who are adorned with the Word of the Shabad.	ਮੈਂ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ, ਸਦਕੇ ਹਾਂ, ਜਿਨ੍ਹਾਂ ਨੇ ਗੁਰੂ ਦੇ ਸ਼ਬਦ ਰਾਹੀਂ ਆਪਣੇ ਜੀਵਨ ਨੂੰ ਸੋਹਣਾ ਬਣਾ ਲਿਆ ਹੈ,
4414	109	ਅੰਮ੍ਰਿਤ ਨਾਮੁ ਸਦਾ ਸੁਖਦਾਤਾ ਗੁਰਮਤੀ ਮੰਨਿ ਵਸਾਵਣਿਆ॥੧॥ਰਹਾਉ॥		Anmrith Naam Sadhaa Sukhadhaathaa Guramathee Mann Vasaavaniaa ||1|| Rehaao ||	The Ambrosial Naam, the Name of the Lord, is forever the Giver of Peace. Through the Guru's Teachings, it dwells in the mind. ||1||Pause||	ਅਤੇ ਜਿਨ੍ਹਾਂ ਨੇ ਆਤਮਕ ਜੀਵਨ ਦੇਣ ਵਾਲਾ ਨਾਮ ਸਦਾ ਸੁਖ ਦੇਣ ਵਾਲਾ ਪ੍ਰਭੂ-ਨਾਮ ਗੁਰੂ ਦੀ ਮਤਿ ਲੈ ਕੇ ਆਪਣੇ ਮਨ ਵਿਚ ਵਸਾ ਲਿਆ ਹੈ ॥੧॥ ਰਹਾਉ ॥
4415	109	ਨਾ ਕੋ ਮੇਰਾ ਹਉ ਕਿਸੁ ਕੇਰਾ॥		Naa Ko Maeraa Ho Kis Kaeraa ||	No one is mine, and I am no one else's.	(ਦੁਨੀਆ ਵਿਚ) ਕੋਈ ਭੀ ਮੇਰਾ ਸਦਾ ਦਾ ਸਾਥੀ ਨਹੀਂ ਹੈ, ਮੈਂ ਭੀ ਕਿਸੇ ਦਾ ਸਦਾ ਲਈ ਸਾਥੀ ਨਹੀਂ ਹਾਂ।
4416	109	ਸਾਚਾ ਠਾਕੁਰੁ ਤ੍ਰਿਭਵਣਿ ਮੇਰਾ॥		Saachaa Thaakur Thribhavan Maeraa ||	The True Lord and Master of the three worlds is mine.	ਮੇਰਾ ਸਦਾ ਵਾਸਤੇ ਪਾਲਣ ਵਾਲਾ ਸਿਰਫ਼ ਉਹੀ (ਪ੍ਰਭੂ) ਹੈ, ਜੋ ਤਿੰਨਾਂ ਭਵਨਾਂ ਵਿਚ ਵਿਆਪਕ ਹੈ।

4417	109	ਹਉਮੈ ਕਰਿ ਕਰਿ ਜਾਇ ਘਣੇਰੀ ਕਰਿ ਅਵਗਣ ਪਛੋਤਾਵਣਿਆ॥੨॥	(ਘਣੇਰੀ) ਬਹੁਤ ਸ੍ਰਿਸਟੀ	Houmai Kar Kar Jaae Ghanaeree Kar Avagan Pashhothaavaniaa ||2||	Acting in egotism, so very many have died. After making mistakes, they later repent and regret. ||2||	'ਮੈ ਵੱਡਾ ਹਾਂ, ਮੈਂ ਵੱਡਾ ਹਾਂ'-ਇਹ ਮਾਣ ਕਰ ਕਰ ਕੇ ਬੇਅੰਤ ਲੋਕਾਈ (ਜਗਤ ਤੋਂ) ਤੁਰੀ ਜਾ ਰਹੀ ਹੈ। (ਮਾਣ-ਮੱਤੀ ਲੋਕਾਈ) ਪਾਪ ਕਮਾ ਕਮਾ ਕੇ ਪਛੁਤਾਂਦੀ ਭੀ ਹੈ ॥੨॥
4418	109	ਹੁਕਮੁ ਪਛਾਣੈ ਸੁ ਹਰਿ ਗੁਣ ਵਖਾਣੈ॥	(ਵਖਾਣੈ) ਸਿਮਰੇ	Hukam Pashhaanai S Har Gun Vakhaanai ||	Those who recognize the Hukam of the Lord's Command chant the Glorious Praises of the Lord.	ਜੇਹੜਾ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ ਸਮਝਦਾ ਹੈ, (ਉਹ ਮਾਣ ਨਹੀਂ ਕਰਦਾ) ਉਹ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ।
4419	109	ਗੁਰ ਕੈ ਸਬਦਿ ਨਾਮਿ ਨੀਸਾਣੈ॥	(ਨੀਸਾਣੈ) ਪ੍ਰਗਟ ਹੁੰਦੇ	Gur Kai Sabadh Naam Neesaanai ||	Through the Word of the Guru's Shabad, they are glorified with the Naam.	ਗੁਰੂ ਦੇ ਸ਼ਬਦ ਦੀ ਰਾਹੀਂ ਉਹ ਪ੍ਰਭੂ ਦੇ ਨਾਮ ਵਿਚ (ਟਿਕ ਕੇ, ਨਾਮ ਦੀ) ਰਾਹਦਾਰੀ ਸਮੇਤ (ਇਥੋਂ ਜਾਂਦਾ ਹੈ)।
4420	109	ਸਭਨਾ ਕਾ ਦਰਿ ਲੇਖਾ ਸਚੈ ਛੂਟਸਿ ਨਾਮਿ ਸੁਹਾਵਣਿਆ॥੩॥	(ਸੁਹਾਵਣਿਆ) ਸੁੰਦਰ ਸੋਭਾ ਵਾਲੇ। ਛੂਟ-ਸਿਨਾ-ਮਿ	Sabhanaa Kaa Dhar Laekhaa Sachai Shhoottas Naam Suhaavaniaa ||3||	Everyone's account is kept in the True Court, and through the Beauty of the Naam, they are saved. ||3||	ਸਦਾ-ਥਿਰ ਪ੍ਰਭੂ ਦੇ ਦਰ ਤੇ ਸਭ ਜੀਵਾਂ ਦੇ ਕਰਮਾਂ ਦਾ ਲੇਖਾ ਹੁੰਦਾ ਹੈ, ਇਸ ਲੇਖੇ ਤੋਂ ਉਹੀ ਸੁਰਖ਼ਰੂ ਹੁੰਦਾ ਹੈ ਜੋ ਨਾਮ ਦੀ ਰਾਹੀਂ ਆਪਣੇ ਜੀਵਨ ਨੂੰ ਸੋਹਣਾ ਬਣਾ ਲੈਂਦਾ ਹੈ ॥੩॥
4421	109	ਮਨਮੁਖੁ ਭੂਲਾ ਠਉਰੁ ਨ ਪਾਏ॥	(ਠਉਰੁ) ਟਿਕਾਣਾ	Manamukh Bhoolaa Thour N Paaeae ||	The self-willed manmukhs are deluded; they find no place of rest.	ਪ੍ਰਭੂ-ਨਾਮ ਤੋਂ ਖੁੰਝਿਆ ਹੋਇਆ ਮਨ ਦਾ ਮੁਰੀਦ ਮਨੁੱਖ (ਕਰਮਾਂ ਦੇ ਲੇਖੇ ਤੋਂ ਬਚਣ ਲਈ) ਕੋਈ ਥਾਂ ਨਹੀਂ ਲੱਭ ਸਕਦਾ।

4422	109	ਜਮ ਦਰਿ ਬਧਾ ਚੋਟਾ ਖਾਏ॥		Jam Dhar Badhhaa Chottaa Khaaeae ||	Bound and gagged at Death's Door, they are brutally beaten.	(ਆਪਣੇ ਕੀਤੇ ਔਗੁਣਾਂ ਦਾ) ਬੱਝਾ ਹੋਇਆ ਜਮਰਾਜ ਦੇ ਦਰ ਤੇ ਮਾਰ ਖਾਂਦਾ ਹੈ।
4423	109	ਬਿਨੁ ਨਾਵੈ ਕੋ ਸੰਗਿ ਨ ਸਾਥੀ ਮੁਕਤੇ ਨਾਮੁ ਧਿਆਵਣਿਆ॥੪॥		Bin Naavai Ko Sang N Saathhee Mukathae Naam Dhhiaavaniaa ||4||	Without the Name, there are no companions or friends. Liberation comes only by meditating on the Naam. ||4||	(ਆਤਮਕ ਦੁੱਖ-ਕਲੇਸ਼ ਦੀਆਂ ਚੋਟਾਂ ਤੋਂ ਬਚਣ ਲਈ) ਪ੍ਰਭੂ ਦੇ ਨਾਮ ਤੋਂ ਬਿਨਾ ਹੋਰ ਕੋਈ ਸੰਗੀ ਸਾਥੀ ਨਹੀਂ ਹੋ ਸਕਦਾ। ਜਮ ਦੀਆਂ ਇਹਨਾਂ ਚੋਟਾਂ ਤੋਂ ਉਹੀ ਬਚਦੇ ਹਨ, ਜੋ ਪ੍ਰਭੂ ਦਾ ਨਾਮ ਸਿਮਰਦੇ ਹਨ ॥੪॥
4424	109	ਸਾਕਤ ਕੂੜੇ ਸਚੁ ਨ ਭਾਵੈ॥	(ਸਾਕਤ) ਮਨਮੁਖ	Saakath Koorrae Sach N Bhaavai ||	The false shaaktas, the faithless cynics, do not like the Truth.	ਝੂਠੇ ਮੋਹ ਵਿਚ ਫਸੇ ਸਾਕਤ ਨੂੰ ਸਦਾ-ਥਿਰ ਪ੍ਰਭੂ (ਦਾ ਨਾਮ) ਚੰਗਾ ਨਹੀਂ ਲਗਦਾ।
4425	109	ਦੁਬਿਧਾ ਬਾਧਾ ਆਵੈ ਜਾਵੈ॥		Dhubidhhaa Baadhhaa Aavai Jaavai ||	Bound by duality, they come and go in reincarnation.	(ਉਸ ਨੂੰ ਮੋਹ ਵਾਲੀ ਮੇਰ-ਤੇਰ ਪਸੰਦ ਹੈ) ਉਸ ਮੇਰ-ਤੇਰ ਵਿਚ ਫਸਿਆ ਹੋਇਆ ਜਨਮ ਮਰਨ ਦੇ ਗੇੜ ਵਿਚ ਪੈਂਦਾ ਹੈ।
4426	109	ਲਿਖਿਆ ਲੇਖੁ ਨ ਮੇਟੈ ਕੋਈ ਗੁਰਮੁਖਿ ਮੁਕਤਿ ਕਰਾਵਣਿਆ॥੫॥		Likhiaa Laekh N Maettai Koee Guramukh Mukath Karaavaniaa ||5||	No one can erase pre-recorded destiny; the Gurmukhs are liberated. ||5||	(ਦੁਬਿਧਾ ਵਾਲੇ ਕੀਤੇ ਕਰਮਾਂ ਅਨੁਸਾਰ, ਮੱਥੇ ਉੱਤੇ ਦੁਬਿਧਾ ਦੇ ਸੰਸਕਾਰਾਂ ਦਾ) ਲਿਖਿਆ ਲੇਖ ਕੋਈ ਨਹੀਂ ਮਿਟਾ ਸਕਦਾ। (ਇਸ ਲੇਖ ਤੋਂ) ਉਹੀ ਖ਼ਲਾਸੀ ਪ੍ਰਾਪਤ ਕਰਦਾ ਹੈ, ਜੋ ਗੁਰੂ ਦੀ ਸਰਨ ਪੈਂਦਾ ਹੈ ॥੫॥
4427	109	ਪੇਈਅੜੈ ਪਿਰੁ ਜਾਤੋ ਨਾਹੀ॥	(ਜਾਤੋ) ਜਾਣਿਆ	Paeeearrai Pir Jaatho Naahee ||	In this world of her parents' house, the young bride did not know her Husband.	ਜਿਸ ਜੀਵ-ਇਸਤ੍ਰੀ ਨੇ ਪੇਕੇ ਘਰ ਵਿਚ ਪ੍ਰਭੂ-ਪਤੀ ਨਾਲ ਸਾਂਝ ਨਹੀਂ ਪਾਈ।

4428	109	ਝੂਠਿ ਵਿਛੁੰਨੀ ਰੋਵੈ ਧਾਹੀ॥	(ਵਿਛੁੰਨੀ) ਵਿੱਛੜੀ। (ਧਾਹੀ) ਧਾਹਾਂ ਮਾਰ ਕੇ	Jhooth Vishhunnee Rovai Dhhaahee ||	Through falsehood, she has been separated from Him, and she cries out in misery.	ਝੂਠੇ ਮੋਹ ਦੇ ਕਾਰਨ ਪ੍ਰਭੂ-ਚਰਨਾਂ ਤੋਂ ਵਿੱਛੁੜੀ ਹੋਈ ਉਹ (ਆਖ਼ਿਰ) ਧਾਹਾਂ ਮਾਰ ਮਾਰ ਕੇ ਰੋਂਦੀ ਹੈ।
4429	109	ਅਵਗਣਿ ਮੁਠੀ ਮਹਲੁ ਨ ਪਾਏ ਅਵਗਣ ਗੁਣਿ ਬਖਸਾਵਣਿਆ ॥੬॥	(ਮੁਠੀ) ਠੱਗੀ	Avagan Muthee Mehal N Paaeae Avagan Gun Bakhasaavaniaa ||6||	Defrauded by demerits, she does not find the Mansion of the Lord's Presence. But through virtuous actions, her demerits are forgiven. ||6||	ਜਿਸ (ਦੇ ਆਤਮਕ ਜੀਵਨ) ਨੂੰ ਪਾਪ (-ਸੁਭਾਵ) ਨੇ ਲੁੱਟ ਲਿਆ, ਉਸ ਨੂੰ ਪਰਮਾਤਮਾ ਦਾ ਮਹਲ ਨਹੀਂ ਲੱਭਦਾ। ਇਹਨਾਂ ਔਗਣਾਂ ਨੂੰ ਗੁਣਾਂ ਦਾ ਮਾਲਕ ਪ੍ਰਭੂ (ਆਪ ਹੀ) ਬਖ਼ਸ਼ਦਾ ਹੈ ॥੬॥
4430	109	ਪੇਈਅੜੈ ਜਿਨਿ ਜਾਤਾ ਪਿਆਰਾ॥	(ਜਾਤਾ) ਜਾਣਿਆ	Paeeearrai Jin Jaathaa Piaaraa ||	She, who knows her Beloved in her parents' house,	ਜਿਸ ਜੀਵ-ਇਸਤ੍ਰੀ ਨੇ ਪੇਕੇ ਘਰ ਵਿਚ ਪਿਆਰੇ ਪ੍ਰਭੂ ਨਾਲ ਸਾਂਝ ਪਾ ਲਈ,
4431	109	ਗੁਰਮੁਖਿ ਬੂਝੈ ਤਤੁ ਬੀਚਾਰਾ॥	(ਤਤੁ) ਸਾਰ	Guramukh Boojhai Thath Beechaaraa ||	As Gurmukh, comes to understand the essence of reality; she contemplates her Lord.	ਉਹ ਗੁਰੂ ਦੀ ਸਰਨ ਪੈ ਕੇ (ਜਗਤ ਦੇ) ਮੂਲ-ਪ੍ਰਭੂ (ਦੇ ਗੁਣਾਂ) ਨੂੰ ਸਮਝਦੀ ਤੇ ਵਿਚਾਰਦੀ ਹੈ।
4432	109	ਆਵਣੁ ਜਾਣਾ ਠਾਕਿ ਰਹਾਏ ਸਚੈ ਨਾਮਿ ਸਮਾਵਣਿਆ॥੭॥	(ਠਾਕਿ ਰਹਾਏ) ਰੋਕ ਰੱਖੇ	Aavan Jaanaa Thaak Rehaaeae Sachai Naam Samaavaniaa ||7||	Her comings and goings cease, and she is absorbed in the True Name. ||7||	ਜੇਹੜੇ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਟਿਕੇ ਰਹਿੰਦੇ ਹਨ, ਗੁਰੂ ਉਹਨਾਂ ਦਾ ਜਨਮ ਮਰਨ ਦਾ ਗੇੜ ਰੋਕ ਦੇਂਦਾ ਹੈ ॥੭॥

4433	109	ਗੁਰਮੁਖਿ ਬੂਝੈ ਅਕਥੁ ਕਹਾਵੈ॥	ਅ-ਕਥੁ: ਪੋਲਾ ਬੋਲੋ	Guramukh Boojhai Akathh Kehaavai ||	The Gurmukhs understand and describe the Indescribable.	ਗੁਰੂ ਦੀ ਸਰਨ ਪਿਆਂ ਮਨੁੱਖ ਬੇਅੰਤ ਗੁਣਾਂ ਵਾਲੇ ਪ੍ਰਭੂ (ਦੇ ਗੁਣਾਂ) ਨੂੰ ਸਮਝਦਾ ਹੈ, (ਹੋਰਨਾਂ) ਨੂੰ ਸਿਫ਼ਤ-ਸਾਲਾਹ ਵਾਸਤੇ ਪ੍ਰੇਰਦਾ ਹੈ।
4434	109	ਸਚੇ ਠਾਕੁਰ ਸਾਚੋ ਭਾਵੈ॥		Sachae Thaakur Saacho Bhaavai ||	True is our Lord and Master; He loves the Truth.	ਸਦਾ-ਥਿਰ ਠਾਕੁਰ ਨੂੰ (ਸਿਫ਼ਤ-ਸਾਲਾਹ ਦਾ) ਸਦਾ-ਥਿਰ ਕਰਮ ਹੀ ਚੰਗਾ ਲੱਗਦਾ ਹੈ।
4435	109	ਨਾਨਕ ਸਚੁ ਕਹੈ ਬੇਨੰਤੀ ਸਚੁ ਮਿਲੈ ਗੁਣ ਗਾਵਣਿਆ॥੮॥੧॥		Naanak Sach Kehai Baenanthee Sach Milai Gun Gaavaniaa ||8||1||	Nanak offers this true prayer: singing His Glorious Praises, I merge with the True One. ||8||1||	ਹੇ ਨਾਨਕ! (ਗੁਰੂ ਦੀ ਸਰਨ ਪੈਣ ਵਾਲਾ ਮਨੁੱਖ) ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਦਾ ਰਹਿੰਦਾ ਹੈ, (ਸਦਾ-ਥਿਰ ਪ੍ਰਭੂ ਦੇ ਦਰ ਤੇ) ਅਰਜ਼ੋਈਆਂ (ਕਰਦਾ ਰਹਿੰਦਾ ਹੈ)। ਪ੍ਰਭੂ ਦੀ ਸਿਫ਼ਤ-ਸਾਲਾਹ ਕਰਨ ਵਾਲਿਆਂ ਨੂੰ ਸਦਾ-ਥਿਰ ਪ੍ਰਭੂ ਮਿਲ ਪੈਂਦਾ ਹੈ ॥੮॥੧॥
4436	109	ਮਾਝ ਮਹਲਾ ੩ ਘਰੁ ੧॥		Maajh Mehalaa 3 Ghar 1 ||	Maajh, Third Mehl, First House:	
4437	109	ਕਰਮੁ ਹੋਵੈ ਸਤਿਗੁਰੂ ਮਿਲਾਏ॥		Karam Hovai Sathiguroo Milaaeae ||	By His Mercy, we meet the True Guru.	ਜਿਸ ਮਨੁੱਖ ਉਤੇ ਪ੍ਰਭੂ ਦੀ ਬਖ਼ਸ਼ਸ਼ ਹੋਵੇ, ਉਸ ਨੂੰ ਪ੍ਰਭੂ ਗੁਰੂ ਮਿਲਾਂਦਾ ਹੈ।

4438	110	ਸੇਵਾ ਸੁਰਤਿ ਸਬਦਿ ਚਿਤੁ ਲਾਏ॥		Saevaa Surath Sabadh Chith Laaeae ||	Center your awareness on seva-selfless service-and focus your consciousness on the Word of the Shabad.	(ਗੁਰੂ ਦੀ ਮਿਹਰ ਨਾਲ ਉਹ ਮਨੁੱਖ) ਸੇਵਾ ਵਿਚ ਸੁਰਤ ਟਿਕਾਂਦਾ ਹੈ ਗੁਰੂ ਦੇ ਸ਼ਬਦ ਵਿਚ ਚਿੱਤ ਜੋੜਦਾ ਹੈ।
4439	110	ਹਉਮੈ ਮਾਰਿ ਸਦਾ ਸੁਖੁ ਪਾਇਆ ਮਾਇਆ ਮੋਹੁ ਚੁਕਾਵਣਿਆ॥੧॥		Houmai Maar Sadhaa Sukh Paaeiaa Maaeiaa Mohu Chukaavaniaa ||1||	Subduing your ego, you shall find a lasting peace, and your emotional attachment to Maya will be dispelled. ||1||	(ਇਸ ਤਰ੍ਹਾਂ) ਉਹ (ਆਪਣੇ ਅੰਦਰੋਂ) ਹਉਮੈ ਮਾਰ ਕੇ ਮਾਇਆ ਦਾ ਮੋਹ ਦੂਰ ਕਰਦਾ ਹੈ, ਤੇ ਸਦਾ ਆਤਮਕ ਆਨੰਦ ਮਾਣਦਾ ਹੈ ॥੧॥
4440	110	ਹਉ ਵਾਰੀ ਜੀਉ ਵਾਰੀ ਸਤਿਗੁਰ ਕੈ ਬਲਿਹਾਰਣਿਆ॥		Ho Vaaree Jeeo Vaaree Sathigur Kai Balihaaraniaa ||	I am a sacrifice, my soul is a sacrifice, I am totally devoted to the True Guru.	ਮੈਂ ਸਦਾ ਗੁਰੂ ਤੋਂ ਸਦਕੇ ਹਾਂ ਕੁਰਬਾਨ ਹਾਂ।
4441	110	ਗੁਰਮਤੀ ਪਰਗਾਸੁ ਹੋਆ ਜੀ ਅਨ ਦਿਨੁ ਹਰਿ ਗੁਣ ਗਾਵਣਿਆ॥੧॥ਰਹਾਉ॥	ਪਰ-ਗਾਸੁ	Guramathee Paragaas Hoaa Jee Anadhin Har Gun Gaavaniaa ||1|| Rehaao ||	Through the Guru's Teachings, the Divine Light has dawned; I sing the Glorious Praises of the Lord, night and day. ||1||Pause||	ਗੁਰੂ ਦੀ ਮਤਿ ਲਿਆਂ ਹੀ ਮਨੁੱਖ ਦੇ ਅੰਦਰ (ਸਹੀ ਜੀਵਨ ਵਾਸਤੇ) ਆਤਮਕ ਚਾਨਣ ਹੁੰਦਾ ਹੈ, ਤੇ ਮਨੁੱਖ ਹਰ ਰੋਜ਼ (ਹਰ ਵੇਲੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹੈ ॥੧॥ ਰਹਾਉ ॥

4442	110	ਤਨੁ ਮਨੁ ਖੋਜੇ ਤਾ ਨਾਉ ਪਾਏ॥		Than Man Khojae Thaa Naao Paaeae ||	Search your body and mind, and find the Name.	ਜਦੋਂ ਮਨੁੱਖ ਆਪਣੇ ਮਨ ਨੂੰ ਖੋਜਦਾ ਰਹੇ ਆਪਣੇ ਸਰੀਰ ਨੂੰ ਖੋਜਦਾ ਰਹੇ (ਭਾਵ, ਜੇ ਮਨੁੱਖ ਇਹ ਧਿਆਨ ਰੱਖੇ ਕਿ ਕਿਤੇ ਮਨ ਤੇ ਗਿਆਨ-ਇੰਦ੍ਰੇ ਵਿਕਾਰਾਂ ਵਲ ਤਾਂ ਨਹੀਂ ਪਰਤ ਰਹੇ), ਤਦੋਂ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲੈਂਦਾ ਹੈ,
4443	110	ਧਾਵਤੁ ਰਾਖੈ ਠਾਕਿ ਰਹਾਏ॥	ਮਾਇਆ ਵਿਸ਼ਿਆਂ ਵੱਲ (ਧਾਵਤੁ) ਦੌੜਦਾ ਮਨ	Dhhaavath Raakhai Thaak Rehaaeae ||	Restrain your wandering mind, and keep it in check.	(ਤੇ ਇਸ ਤਰ੍ਹਾਂ ਵਿਕਾਰਾਂ ਵਾਲੇ ਪਾਸੇ) ਦੌੜਦੇ ਮਨ ਨੂੰ ਕਾਬੂ ਕਰ ਲੈਂਦਾ ਹੈ, ਰੋਕ ਕੇ (ਪ੍ਰਭੂ-ਚਰਨਾਂ ਵਿਚ) ਜੋੜੀ ਰੱਖਦਾ ਹੈ।
4444	110	ਗੁਰ ਕੀ ਬਾਣੀ ਅਨ ਦਿਨੁ ਗਾਵੈ ਸਹਜੇ ਭਗਤਿ ਕਰਾਵਣਿਆ॥੨॥		Gur Kee Baanee Anadhin Gaavai Sehajae Bhagath Karaavaniaa ||2||	Night and day, sing the Songs of the Guru's Bani; worship the Lord with intuitive devotion. ||2||	ਉਹ ਮਨੁੱਖ ਹਰ ਵੇਲੇ ਗੁਰੂ ਦੀ ਬਾਣੀ ਗਾਂਦਾ ਰਹਿੰਦਾ ਹੈ, ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੀ ਭਗਤੀ ਕਰਦਾ ਰਹਿੰਦਾ ਹੈ ॥੨॥
4445	110	ਇਸੁ ਕਾਇਆ ਅੰਦਰਿ ਵਸਤੁ ਅਸੰਖਾ॥		Eis Kaaeiaa Andhar Vasath Asankhaa ||	Within this body are countless objects.	ਬੇਅੰਤ ਗੁਣਾਂ ਦਾ ਮਾਲਕ ਪ੍ਰਭੂ ਮਨੁੱਖ ਦੇ ਇਸ ਸਰੀਰ ਦੇ ਅੰਦਰ ਹੀ ਵੱਸਦਾ ਹੈ।
4446	110	ਗੁਰਮੁਖਿ ਸਾਚੁ ਮਿਲੈ ਤਾ ਵੇਖਾ॥		Guramukh Saach Milai Thaa Vaekhaa ||	The Gurmukh attains Truth, and comes to see them.	ਗੁਰੂ ਦੇ ਸਨਮੁਖ ਰਹਿ ਕੇ ਜਦੋਂ ਮਨੁੱਖ ਨੂੰ ਸਦਾ-ਥਿਰ ਪ੍ਰਭੂ ਦਾ ਨਾਮ ਪ੍ਰਾਪਤ ਹੁੰਦਾ ਹੈ, ਤਾਂ (ਆਪਣੇ ਅੰਦਰ ਵੱਸਦੇ ਪ੍ਰਭੂ ਦਾ) ਦਰਸਨ ਕਰਦਾ ਹੈ।

4447	110	ਨਉ ਦਰਵਾਜੇ ਦਸਵੈ ਮੁਕਤਾ ਅਨਹਦ ਸਬਦੁ ਵਜਾਵਣਿਆ॥੩॥		No Dharavaajae Dhasavai Mukathaa Anehadh Sabadh Vajaavaniaa ||3||	Beyond the nine gates, the Tenth Gate is found, and liberation is obtained. The Unstruck Melody of the Shabad vibrates. ||3||	ਤਦੋਂ ਮਨੁੱਖ ਨੈ ਗੋਲਕਾਂ ਦੀਆਂ ਵਾਸਨਾਂ ਤੋਂ ਉੱਚਾ ਹੋ ਕੇ ਦਸਵੇਂ ਦੁਆਰ ਵਿਚ (ਭਾਵ, ਵਿਚਾਰ ਮੰਡਲ ਵਿਚ) ਪਹੁੰਚ ਕੇ (ਵਿਕਾਰਾਂ ਵਲੋਂ) ਆਜ਼ਾਦ ਹੋ ਜਾਂਦਾ ਹੈ ਤੇ (ਆਪਣੇ ਅੰਦਰ) ਇਕ-ਰਸ ਸਿਫ਼ਤ-ਸਾਲਾਹ ਦੀ ਬਾਣੀ ਦਾ ਅਭਿਆਸ ਕਰਦਾ ਹੈ ॥੩॥
4448	110	ਸਚਾ ਸਾਹਿਬੁ ਸਚੀ ਨਾਈ॥	(ਨਾਈ) ਸੋਭਾ	Sachaa Saahib Sachee Naaee ||	True is the Master, and True is His Name.	ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੀ ਵਡਿਆਈ ਭੀ ਸਦਾ ਕਾਇਮ ਰਹਿਣ ਵਾਲੀ ਹੈ।
4449	110	ਗੁਰ ਪਰਸਾਦੀ ਮੰਨਿ ਵਸਾਈ॥		Gur Parasaadhee Mann Vasaaee ||	By Guru's Grace, He comes to dwell within the mind.	(ਹੇ ਭਾਈ!) ਗੁਰੂ ਦੀ ਕਿਰਪਾ ਨਾਲ (ਉਸ ਨੂੰ ਆਪਣੇ) ਮਨ ਵਿਚ ਟਿਕਾਈ ਰੱਖ।
4450	110	ਅਨ ਦਿਨੁ ਸਦਾ ਰਹੈ ਰੰਗਿ ਰਾਤਾ ਦਰਿ ਸਚੈ ਸੋਝੀ ਪਾਵਣਿਆ॥੪॥		Anadhin Sadhaa Rehai Rang Raathaa Dhar Sachai Sojhee Paavaniaa ||4||	Night and day, remain attuned to the Lord's Love forever, and you shall obtain understanding in the True Court. ||4||	(ਜੇਹੜਾ ਮਨੁੱਖ ਪ੍ਰਭੂ ਦੀ ਸਿਫ਼ਤ-ਸਾਲਾਹ ਮਨ ਵਿਚ ਵਸਾਂਦਾ ਹੈ) ਉਹ ਹਰ ਵੇਲੇ ਸਦਾ ਪ੍ਰਭੂ ਦੇ ਪ੍ਰੇਮ ਵਿਚ ਮਸਤ ਰਹਿੰਦਾ ਹੈ, (ਇਸ ਤਰ੍ਹਾਂ) ਸਦਾ-ਥਿਰ ਪ੍ਰਭੂ ਦੀ ਹਜ਼ੂਰੀ ਵਿਚ ਪਹੁੰਚਿਆ ਹੋਇਆ ਉਹ ਮਨੁੱਖ (ਸਹੀ ਜੀਵਨ ਦੀ) ਸਮਝ ਪ੍ਰਾਪਤ ਕਰਦਾ ਹੈ ॥੪॥

4451	110	ਪਾਪ ਪੁੰਨ ਕੀ ਸਾਰ ਨ ਜਾਣੀ॥		Paap Punn Kee Saar N Jaanee ||	Those who do not understand the nature of sin and virtue	ਜਿਸ ਮਨੁੱਖ ਨੇ ਚੰਗੇ ਮੰਦੇ ਕਰਮਾਂ ਦੀ ਤਮੀਜ਼ ਨਹੀਂ ਕੀਤੀ (ਭਾਵ, ਕੋਈ ਭਲਾ ਕੰਮ ਹੋਵੇ ਚਾਹੇ ਬੁਰਾ ਕੰਮ ਹੋਵੇ ਜੋ ਮਨੁੱਖ ਕਰਨੋਂ ਸੰਕੋਚ ਨਹੀਂ ਕਰਦਾ),
4452	110	ਦੂਜੈ ਲਾਗੀ ਭਰਮਿ ਭੁਲਾਣੀ॥		Dhoojai Laagee Bharam Bhulaanee ||	Are attached to duality; they wander around deluded.	ਜਿਸ ਮਨੁੱਖ ਦੀ ਸੁਰਤ ਮਾਇਆ ਦੇ ਮੋਹ ਵਿਚ ਟਿਕੀ ਰਹਿੰਦੀ ਹੈ, ਜੋ ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ,
4453	110	ਅਗਿਆਨੀ ਅੰਧਾ ਮਗੁ ਨ ਜਾਣੈ ਫਿਰਿ ਫਿਰਿ ਆਵਣ ਜਾਵਣਿਆ॥੫॥	ਗੁਰਮਤਿ ਦਾ (ਮਗੁ) ਰਸਤਾ	Agiaanee Andhhaa Mag N Jaanai Fir Fir Aavan Jaavaniaa ||5||	The ignorant and blind people do not know the way; they come and go in reincarnation over and over again. ||5||	ਉਹ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮਨੁੱਖ (ਜੀਵਨ ਦਾ ਸਹੀ) ਰਸਤਾ ਨਹੀਂ ਸਮਝਦਾ, ਉਹ ਮੁੜ ਮੁੜ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ ॥੫॥
4454	110	ਗੁਰ ਸੇਵਾ ਤੇ ਸਦਾ ਸੁਖੁ ਪਾਇਆ॥		Gur Saevaa Thae Sadhaa Sukh Paaeiaa ||	Serving the Guru, I have found eternal peace;	ਗੁਰੂ ਦੀ ਦੱਸੀ ਸੇਵਾ ਦੀ ਰਾਹੀਂ ਮਨੁੱਖ ਸਦਾ ਆਤਮਕ ਆਨੰਦ ਮਾਣਦਾ ਹੈ।
4455	110	ਹਉਮੈ ਮੇਰਾ ਠਾਕਿ ਰਹਾਇਆ॥		Houmai Maeraa Thaak Rehaaeiaa ||	My ego has been silenced and subdued.	ਹਉਮੈ ਤੇ ਮਮਤਾ ਨੂੰ ਰੋਕ ਕੇ ਵੱਸ ਵਿਚ ਰੱਖਦਾ ਹੈ।

4456	110	ਗੁਰ ਸਾਖੀ ਮਿਟਿਆ ਅੰਧਿਆਰਾ ਬਜਰ ਕਪਾਟ ਖੁਲਾਵਣਿਆ॥੬॥	ਬੱਜਰ। ਖੁਲ੍ਹਾਵਣਿਆ।	Gur Saakhee Mittiaa Andhhiaaraa Bajar Kapaatt Khulaavaniaa ||6||	Through the Guru's Teachings, the darkness has been dispelled, and the heavy doors have been opened. ||6||	ਗੁਰੂ ਦੀ ਸਿੱਖਿਆ ਉਤੇ ਤੁਰ ਕੇ ਉਸ ਦੇ ਅੰਦਰੋਂ ਮਾਇਆ ਦੇ ਮੋਹ ਦਾ ਹਨੇਰਾ ਦੂਰ ਹੋ ਜਾਂਦਾ ਹੈ (ਉਸ ਦੇ ਮਾਇਆ ਦੇ ਮੋਹ ਦੇ ਉਹ) ਕਰੜੇ ਕਿਵਾੜ ਖੁੱਲ੍ਹ ਜਾਂਦੇ ਹਨ (ਜਿਨ੍ਹਾਂ ਵਿਚ ਉਸ ਦੀ ਸੁਰਤ ਜਕੜੀ ਪਈ ਸੀ) ॥੬॥
4457	110	ਹਉਮੈ ਮਾਰਿ ਮੰਨਿ ਵਸਾਇਆ॥		Houmai Maar Mann Vasaaeiaa ||	Subduing my ego, I have enshrined the Lord within my mind.	ਉਸ ਨੇ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ (ਆਪਣੇ) ਮਨ ਵਿਚ (ਗੁਰੂ ਦਾ ਸ਼ਬਦ ਵਸਾਈ ਰੱਖਿਆ,
4458	110	ਗੁਰ ਚਰਣੀ ਸਦਾ ਚਿਤੁ ਲਾਇਆ॥		Gur Charanee Sadhaa Chith Laaeiaa ||	I focus my consciousness on the Guru's Feet forever.	ਅਤੇ ਸਦਾ ਗੁਰੂ ਦੇ ਚਰਨਾਂ ਵਿਚ ਆਪਣਾ ਚਿੱਤ ਜੋੜੀ ਰੱਖਿਆ।
4459	110	ਗੁਰ ਕਿਰਪਾ ਤੇ ਮਨੁ ਤਨੁ ਨਿਰਮਲੁ ਨਿਰਮਲ ਨਾਮੁ ਧਿਆਵਣਿਆ॥੭॥		Gur Kirapaa Thae Man Than Niramal Niramal Naam Dhhiaavaniaa ||7||	By Guru's Grace, my mind and body are immaculate and pure; I meditate on the Immaculate Naam, the Name of the Lord. ||7||	ਗੁਰੂ ਦੀ ਕਿਰਪਾ ਨਾਲ ਉਸ ਦਾ ਮਨ ਪਵਿਤ੍ਰ ਹੋ ਗਿਆ, ਉਸ ਦਾ ਸਰੀਰ (ਭਾਵ, ਸਾਰੇ ਗਿਆਨ-ਇੰਦ੍ਰੇ) ਪਵਿਤ੍ਰ ਹੋ ਗਿਆ, ਉਹ ਪਵਿਤ੍ਰ-ਪ੍ਰਭੂ ਦਾ ਨਾਮ ਸਦਾ ਸਿਮਰਦਾ ਰਹਿੰਦਾ ਹੈ ॥੭॥
4460	110	ਜੀਵਣੁ ਮਰਣਾ ਸਭੁ ਤੁਧੈ ਤਾਈ॥	ਤਾਈਂ	Jeevan Maranaa Sabh Thudhhai Thaaee ||	From birth to death, everything is for You.	(ਹੇ ਪ੍ਰਭੂ! ਜੀਵਾਂ ਦਾ) ਜੀਊਣਾ (ਜੀਵਾਂ ਦੀ) ਮੌਤ ਸਭ ਤੇਰੇ ਵੱਸ ਵਿਚ ਹੈ।
4461	110	ਜਿਸੁ ਬਖਸੇ ਤਿਸੁ ਦੇ ਵਡਿਆਈ॥		Jis Bakhasae This Dhae Vaddiaaee ||	You bestow greatness upon those whom You have forgiven.	(ਹੇ ਭਾਈ!) ਜਿਸ ਜੀਵ ਉਤੇ ਪ੍ਰਭੂ ਮਿਹਰ ਕਰਦਾ ਹੈ, ਉਸ ਨੂੰ (ਆਪਣੇ ਨਾਮ ਦੀ ਦਾਤ ਦੇ ਕੇ) ਵਡਿਆਈ ਬਖ਼ਸ਼ਦਾ ਹੈ।

4462	110	ਨਾਨਕ ਨਾਮੁ ਧਿਆਇ ਸਦਾ ਤੂੰ ਜੰਮਣੁ ਮਰਣੁ ਸਵਾਰਣਿਆ॥੮॥੧॥੨॥		Naanak Naam Dhhiaae Sadhaa Thoon Janman Maran Savaaraniaa ||8||1||2||	O Nanak, meditating forever on the Naam, you shall be blessed in both birth and death. ||8||1||2||	ਹੇ ਨਾਨਕ! ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹੁ। (ਨਾਮ ਦੀ ਬਰਕਤਿ ਨਾਲ) ਜਨਮ ਤੋਂ ਲੈ ਕੇ ਮੌਤ ਤਕ ਸਾਰਾ ਜੀਵਨ ਸੋਹਣਾ ਬਣ ਜਾਂਦਾ ਹੈ ॥੮॥੧॥੨॥
4463	110	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
4464	110	ਮੇਰਾ ਪ੍ਰਭੁ ਨਿਰਮਲੁ ਅਗਮ ਅਪਾਰਾ॥		Maeraa Prabh Niramal Agam Apaaraa ||	My God is Immaculate, Inaccessible and Infinite.	ਪਿਆਰਾ ਪ੍ਰਭੂ ਆਪ ਪਵਿਤ੍ਰ-ਸਰੂਪ ਹੈ ਅਪਹੁੰਚ ਹੈ ਤੇ ਬੇਅੰਤ ਹੈ।
4465	110	ਬਿਨੁ ਤਕੜੀ ਤੋਲੈ ਸੰਸਾਰਾ॥	ਤੱਕੜੀ	Bin Thakarree Tholai Sansaaraa ||	Without a scale, He weighs the universe.	ਉਹ ਤੱਕੜੀ (ਵਰਤਣ ਤੋਂ) ਬਿਨਾ ਹੀ ਸਾਰੇ ਸੰਸਾਰ ਦੇ ਜੀਵਾਂ ਦੇ ਜੀਵਨ ਨੂੰ ਪਰਖਦਾ ਰਹਿੰਦਾ ਹੈ (ਹਰੇਕ ਜੀਵ ਦੇ ਅੰਦਰ ਵਿਆਪਕ ਰਹਿ ਕੇ)।
4466	110	ਗੁਰਮੁਖਿ ਹੋਵੈ ਸੋਈ ਬੂਝੈ ਗੁਣ ਕਹਿ ਗੁਣੀ ਸਮਾਵਣਿਆ॥੧॥		Guramukh Hovai Soee Boojhai Gun Kehi Gunee Samaavaniaa ||1||	One who becomes Gurmukh, understands. Chanting His Glorious Praises, he is absorbed into the Lord of Virtue. ||1||	(ਇਸ ਭੇਤ ਨੂੰ) ਉਹੀ ਮਨੁੱਖ ਸਮਝਦਾ ਹੈ ਜੋ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ (ਗੁਰੂ ਦੀ ਰਾਹੀਂ) ਪਰਮਾਤਮਾ ਦੇ ਗੁਣ ਉਚਾਰ ਕੇ ਗੁਣਾਂ ਦੇ ਮਾਲਕ-ਪ੍ਰਭੂ ਵਿਚ ਲੀਨ ਹੋਇਆ ਰਹਿੰਦਾ ਹੈ ॥੧॥

4467	110	ਹਉ ਵਾਰੀ ਜੀਉ ਵਾਰੀ ਹਰਿ ਕਾ ਨਾਮੁ ਮੰਨਿ ਵਸਾਵਣਿਆ॥		Ho Vaaree Jeeo Vaaree Har Kaa Naam Mann Vasaavaniaa ||	I am a sacrifice, my soul is a sacrifice, to those whose minds are filled with the Name of the Lord.	ਮੈਂ ਸਦਾ ਉਹਨਾਂ ਤੋਂ ਸਦਕੇ ਜਾਂਦਾ ਹਾਂ, ਜੋ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਂਦੇ ਹਨ।
4468	110	ਜੋ ਸਚਿ ਲਾਗੇ ਸੇ ਅਨ ਦਿਨੁ ਜਾਗੇ ਦਰਿ ਸਚੈ ਸੋਭਾ ਪਾਵਣਿਆ॥੧॥ਰਹਾਉ॥		Jo Sach Laagae Sae Anadhin Jaagae Dhar Sachai Sobhaa Paavaniaa ||1|| Rehaao ||	Those who are committed to Truth remain awake and aware night and day. They are honored in the True Court. ||1||Pause||	ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ ਵਿਚ ਲਿਵ ਲਾਈ ਰੱਖਦੇ ਹਨ, ਉਹ ਹਰ ਵੇਲੇ ਮਾਇਆ ਦੇ ਹੱਲਿਆਂ ਵਲੋਂ ਸੁਚੇਤ ਰਹਿੰਦੇ ਹਨ, ਤੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਹਜ਼ੂਰੀ ਵਿਚ ਸੋਭਾ ਪਾਂਦੇ ਹਨ ॥੧॥ ਰਹਾਉ ॥
4469	110	ਆਪਿ ਸੁਣੈ ਤੈ ਆਪੇ ਵੇਖੈ॥		Aap Sunai Thai Aapae Vaekhai ||	He Himself hears, and He Himself sees.	ਪਰਮਾਤਮਾ ਆਪ ਹੀ (ਸਭ ਜੀਵਾਂ ਦੀ ਅਰਦਾਸ) ਸੁਣਦਾ ਹੈ ਤੇ ਆਪ ਹੀ (ਸਭ ਦੀ) ਸੰਭਾਲ ਕਰਦਾ ਹੈ।
4470	110	ਜਿਸ ਨੋ ਨਦਰਿ ਕਰੇ ਸੋਈ ਜਨੁ ਲੇਖੈ॥		Jis No Nadhar Karae Soee Jan Laekhai ||	Those, upon whom He casts His Glance of Grace, become acceptable.	ਜਿਸ ਜੀਵ ਉੱਤੇ ਪ੍ਰਭੂ ਮਿਹਰ ਦੀ ਨਜ਼ਰ ਕਰਦਾ ਹੈ, ਉਹੀ ਮਨੁੱਖ (ਉਸਦੇ ਦਰ ਤੇ) ਕਬੂਲ ਹੁੰਦਾ ਹੈ।
4471	110	ਆਪੇ ਲਾਇ ਲਏ ਸੋ ਲਾਗੈ ਗੁਰਮੁਖਿ ਸਚੁ ਕਮਾਵਣਿਆ॥੨॥		Aapae Laae Leae So Laagai Guramukh Sach Kamaavaniaa ||2||	They are attached, whom the Lord Himself attaches; as Gurmukh, they live the Truth. ||2||	ਜਿਸ ਮਨੁੱਖ ਨੂੰ ਪ੍ਰਭੂ ਆਪ ਆਪਣੀ ਯਾਦ ਵਿਚ ਜੋੜੀ ਰੱਖਦਾ ਹੈ, ਉਹੀ ਜੁੜਿਆ ਰਹਿੰਦਾ ਹੈ, ਉਹ ਗੁਰੂ ਦੇ ਸਨਮੁਖ ਹੋ ਕੇ ਸਦਾ-ਥਿਰ ਨਾਮ ਸਿਮਰਨ ਦੀ ਕਮਾਈ ਕਰਦਾ ਹੈ ॥੨॥

4472	110	ਜਿਸੁ ਆਪਿ ਭੁਲਾਏ ਸੁ ਕਿਥੈ ਹਥੁ ਪਾਏ॥	ਹੱਥੁ	Jis Aap Bhulaaeae S Kithhai Hathh Paaeae ||	Those whom the Lord Himself misleads- whose hand can they take?	(ਪਰ) ਜਿਸ ਮਨੁੱਖ ਨੂੰ ਪ੍ਰਭੂ ਆਪ ਗ਼ਲਤ ਰਸਤੇ ਪਾ ਦੇਵੇ, ਉਹ (ਸਹੀ ਰਾਹ ਲੱਭਣ ਵਾਸਤੇ) ਕਿਸੇ ਹੋਰ ਦਾ ਆਸਰਾ ਨਹੀਂ ਲੈ ਸਕਦਾ।
4473	110	ਪੂਰਬਿ ਲਿਖਿਆ ਸੁ ਮੇਟਣਾ ਨ ਜਾਏ॥		Poorab Likhiaa S Maettanaa N Jaaeae ||	That which is pre-ordained, cannot be erased.	ਪੂਰਬਲੇ ਜਨਮ ਵਿਚ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਲੇਖ ਮਿਟਾਇਆ ਨਹੀਂ ਜਾ ਸਕਦਾ (ਤੇ ਉਹ ਲੇਖ ਕੁਰਾਹੇ ਪਾਈ ਰੱਖਦਾ ਹੈ)।
4474	110	ਜਿਨ ਸਤਿਗੁਰੁ ਮਿਲਿਆ ਸੇ ਵਡਭਾਗੀ ਪੂਰੈ ਕਰਮਿ ਮਿਲਾਵਣਿਆ॥੩॥		Jin Sathigur Miliaa Sae Vaddabhaagee Poorai Karam Milaavaniaa ||3||	Those who meet the True Guru are very fortunate and blessed; through perfect karma, He is met. ||3||	ਜਿਨ੍ਹਾਂ ਮਨੁੱਖਾਂ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, ਉਹ ਵੱਡੇ ਭਾਗਾਂ ਵਾਲੇ ਜਾਣੋ। ਉਹਨਾਂ ਨੂੰ ਪੂਰੀ ਮਿਹਰ ਨਾਲ ਪ੍ਰਭੂ ਆਪਣੇ ਚਰਨਾਂ ਵਿਚ ਮਿਲਾਈ ਰੱਖਦਾ ਹੈ ॥੩॥
4475	110	ਪੇਈਅੜੈ ਧਨ ਅਨ ਦਿਨੁ ਸੁਤੀ॥		Paeeearrai Dhhan Anadhin Suthee ||	The young bride is fast asleep in her parents' home, night and day.	ਜੇਹੜੀ ਜੀਵ-ਇਸਤ੍ਰੀ ਇਸ ਲੋਕ ਵਿਚ ਹਰ ਵੇਲੇ ਮਾਇਆ ਦੇ ਮੋਹ ਦੀ ਨੀਂਦ ਵਿਚ ਮਸਤ ਰਹਿੰਦੀ ਹੈ,
4476	110	ਕੰਤਿ ਵਿਸਾਰੀ ਅਵਗਣਿ ਮੁਤੀ॥	(ਮੁੱਤੀ) ਛੁੱਟੜ, ਛੱਡੀ ਗਈ	Kanth Visaaree Avagan Muthee ||	She has forgotten her Husband Lord; because of her faults and demerits, she is abandoned.	ਉਸ ਨੂੰ ਖਸਮ ਪ੍ਰਭੂ ਨੇ ਭੁਲਾ ਦਿੱਤਾ ਹੈ, ਉਹ ਆਪਣੀ ਭੁੱਲ ਦੇ ਕਾਰਨ ਛੁੱਟੜ ਹੋਈ ਪਈ ਹੈ।

4477	110	ਅਨ ਦਿਨੁ ਸਦਾ ਫਿਰੈ ਬਿਲਲਾਦੀ ਬਿਨੁ ਪਿਰ ਨੀਦ ਨ ਪਾਵਣਿਆ॥੪॥	(ਬਿਲਲਾਦੀ) ਦੁਖੀ ਬਿਰਲਾਪ ਕਰਦੀ	Anadhin Sadhaa Firai Bilalaadhee Bin Pir Needh N Paavaniaa ||4||	She wanders around continually, crying out, night and day. Without her Husband Lord, she cannot get any sleep. ||4||	ਉਹ ਜੀਵ-ਇਸਤ੍ਰੀ ਹਰ ਵੇਲੇ ਦੁਖੀ ਭਟਕਦੀ ਫਿਰਦੀ ਹੈ, ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ ਉਸ ਨੂੰ ਆਤਮਕ ਸੁਖ ਨਹੀਂ ਮਿਲਦਾ ॥੪॥
4478	110	ਪੇਈਅੜੈ ਸੁਖਦਾਤਾ ਜਾਤਾ॥		Paeeearrai Sukhadhaathaa Jaathaa ||	In this world of her parents' home, she may come to know the Giver of peace,	ਜਿਸ ਜੀਵ-ਇਸਤ੍ਰੀ ਨੇ ਪੇਕੇ ਘਰ ਵਿਚ ਸੁਖ ਦੇਣ ਵਾਲੇ ਪ੍ਰਭੂ-ਪਤੀ ਨਾਲ ਡੂੰਘੀ ਸਾਂਝ ਪਾਈ ਰੱਖੀ,
4479	110	ਹਉਮੈ ਮਾਰਿ ਗੁਰ ਸਬਦਿ ਪਛਾਤਾ॥		Houmai Maar Gur Sabadh Pashhaathaa ||	If she subdues her ego, and recognizes the Word of the Guru's Shabad.	ਜਿਸ ਨੇ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਪ੍ਰਭੂ-ਪਤੀ ਨੂੰ ਪਛਾਣ ਲਿਆ,
4480	110	ਸੇਜ ਸੁਹਾਵੀ ਸਦਾ ਪਿਰੁ ਰਾਵੇ ਸਚੁ ਸੀਗਾਰੁ ਬਣਾਵਣਿਆ॥੫॥	ਹਿਰਦੇ ਰੂਪੀ ਸੇਜ (ਸੁਹਾਵੀ) ਸੋਭਨੀਕ। ਅਨੰਦ (ਰਾਵੇ) ਭੋਗਦੀ	Saej Suhaavee Sadhaa Pir Raavae Sach Seegaar Banaavaniaa ||5||	Her bed is beautiful; she ravishes and enjoys her Husband Lord forever. She is adorned with the Decorations of Truth. ||5||	ਉਸ ਦੇ ਹਿਰਦੇ ਦੀ ਸੇਜ ਸੋਹਣੀ ਬਣ ਜਾਂਦੀ ਹੈ, ਉਹ ਸਦਾ ਪ੍ਰਭੂ-ਪਤੀ ਦਾ ਮਿਲਾਪ ਮਾਣਦੀ ਹੈ, ਸਦਾ-ਥਿਰ ਪ੍ਰਭੂ ਦੇ ਨਾਮ ਨੂੰ ਉਹ ਆਪਣੇ ਜੀਵਨ ਦਾ ਸ਼ਿੰਗਾਰ ਬਣਾ ਲੈਂਦੀ ਹੈ ॥੫॥
4481	111	ਲਖ ਚਉਰਾਸੀਹ ਜੀਅ ਉਪਾਏ॥		Lakh Chouraaseeh Jeea Oupaaeae ||	He created the 8.4 million species of beings.	ਪਰਮਾਤਮਾ ਨੇ ਚੌਰਾਸੀ ਲੱਖ ਜੂਨਾਂ ਵਿਚ ਬੇਅੰਤ ਜੀਵ ਪੈਦਾ ਕੀਤੇ ਹੋਏ ਹਨ,
4482	111	ਜਿਸ ਨੋ ਨਦਰਿ ਕਰੇ ਤਿਸੁ ਗੁਰੂ ਮਿਲਾਏ॥		Jis No Nadhar Karae This Guroo Milaaeae ||	Those, upon whom He casts His Glance of Grace, come to meet the Guru.	ਜਿਸ ਜੀਵ ਉੱਤੇ ਉਹ ਮੇਹਰ ਦੀ ਨਜ਼ਰ ਕਰਦਾ ਹੈ ਉਸ ਨੂੰ ਗੁਰੂ ਮਿਲਾ ਦੇਂਦਾ ਹੈ।

4483	111	ਕਿਲਬਿਖ ਕਾਟਿ ਸਦਾ ਜਨ ਨਿਰਮਲ ਦਰਿ ਸਚੈ ਨਾਮਿ ਸੁਹਾਵਣਿਆ॥੬॥		Kilabikh Kaatt Sadhaa Jan Niramal Dhar Sachai Naam Suhaavaniaa ||6||	Shedding their sins, His servants are forever pure; at the True Court, they are beautified by the Naam, the Name of the Lord. ||6||	(ਗੁਰੂ-ਚਰਨਾਂ ਵਿਚ ਜੁੜੇ ਹੋਏ) ਬੰਦੇ ਆਪਣੇ ਪਾਪ ਦੂਰ ਕਰਕੇ ਸਦਾ ਪਵਿਤ੍ਰ-ਜੀਵਨ ਵਾਲੇ ਹੋ ਜਾਂਦੇ ਹਨ, ਤੇ ਸਦਾ-ਥਿਰ ਪ੍ਰਭੂ ਦੇ ਦਰ ਤੇ ਪ੍ਰਭੂ ਦੇ ਨਾਮ ਦੀ ਬਰਕਤਿ ਨਾਲ ਸੋਭਾ ਪਾਂਦੇ ਹਨ ॥੬॥
4484	111	ਲੇਖਾ ਮਾਗੈ ਤਾ ਕਿਨਿ ਦੀਐ॥		Laekhaa Maagai Thaa Kin Dheeai ||	When they are called to settle their accounts, who will answer then?	(ਅਸੀਂ ਜੀਵ ਸਦਾ ਭੁੱਲਣਹਾਰ ਹਾਂ) ਜੇ ਪ੍ਰਭੂ (ਸਾਡੇ ਕੀਤੇ ਕਰਮਾਂ ਦਾ) ਹਿਸਾਬ ਮੰਗਣ ਲੱਗੇ, ਤਾਂ ਕੋਈ ਜੀਵ ਹਿਸਾਬ ਨਹੀਂ ਦੇ ਸਕਦਾ (ਭਾਵ, ਲੇਖੇ ਵਿਚ ਪੂਰਾ ਨਹੀਂ ਉਤਰ ਸਕਦਾ)।
4485	111	ਸੁਖੁ ਨਾਹੀ ਫੁਨਿ ਦੂਐ ਤੀਐ॥		Sukh Naahee Fun Dhooai Theeai ||	There shall be no peace then, from counting out by twos and threes.	(ਆਪਣੇ ਕੀਤੇ ਕਰਮਾਂ ਦਾ) ਲੇਖਾ ਗਿਣਾਇਆਂ (ਭਾਵ, ਲੇਖੇ ਵਿਚ ਸੁਰਖ਼ਰੂ ਹੋਣ ਦੀ ਆਸ ਤੇ) ਕਿਸੇ ਨੂੰ ਆਤਮਕ ਆਨੰਦ ਨਹੀਂ ਮਿਲ ਸਕਦਾ।
4486	111	ਆਪੇ ਬਖਸਿ ਲਏ ਪ੍ਰਭੁ ਸਾਚਾ ਆਪੇ ਬਖਸਿ ਮਿਲਾਵਣਿਆ॥੭॥		Aapae Bakhas Leae Prabh Saachaa Aapae Bakhas Milaavaniaa ||7||	The True Lord God Himself forgives, and having forgiven, He unites them with Himself. ||7||	ਪ੍ਰਭੂ ਆਪ ਹੀ ਮਿਹਰ ਕਰਕੇ (ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈ ॥੭॥

4487	111	ਆਪਿ ਕਰੇ ਤੈ ਆਪਿ ਕਰਾਏ॥		Aap Karae Thai Aap Karaaeae ||	He Himself does, and He Himself causes all to be done.	(ਸਭ ਜੀਵਾਂ ਵਿਚ ਵਿਆਪਕ ਹੋ ਕੇ) ਪ੍ਰਭੂ ਆਪ ਹੀ (ਸਭ ਕੁਝ) ਕਰਦਾ ਹੈ ਅਤੇ ਆਪ ਹੀ (ਪ੍ਰੇਰਨਾ ਕਰ ਕੇ ਜੀਵਾਂ ਪਾਸੋਂ) ਕਰਾਂਦਾ ਹੈ।
4488	111	ਪੂਰੇ ਗੁਰ ਕੈ ਸਬਦਿ ਮਿਲਾਏ॥		Poorae Gur Kai Sabadh Milaaeae ||	Through the Shabad, the Word of the Perfect Guru, He is met.	ਪ੍ਰਭੂ ਆਪ ਹੀ ਪੂਰੇ ਗੁਰੂ ਦੇ ਸ਼ਬਦ ਵਿਚ ਜੋੜ ਕੇ ਆਪਣੇ ਚਰਨਾਂ ਵਿਚ ਮਿਲਾਂਦਾ ਹੈ।
4489	111	ਨਾਨਕ ਨਾਮੁ ਮਿਲੈ ਵਡਿਆਈ ਆਪੇ ਮੇਲਿ ਮਿਲਾਵਣਿਆ॥੮॥੨॥੩॥		Naanak Naam Milai Vaddiaaee Aapae Mael Milaavaniaa ||8||2||3||	O Nanak, through the Naam, greatness is obtained. He Himself unites in His Union. ||8||2||3||	ਹੇ ਨਾਨਕ! ਜਿਸ ਮਨੁੱਖ ਨੂੰ (ਉਸ ਦੇ ਦਰ ਤੋਂ ਉਸ ਦਾ) ਨਾਮ ਮਿਲਦਾ ਹੈ, ਉਸ ਨੂੰ (ਉਸ ਦੀ ਹਜ਼ੂਰੀ ਵਿਚ) ਆਦਰ ਮਿਲਦਾ ਹੈ, ਪ੍ਰਭੂ ਆਪ ਹੀ ਉਸ ਨੂੰ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ॥੮॥੨॥੩॥
4490	111	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
4491	111	ਇਕੋ ਆਪਿ ਫਿਰੈ ਪਰਛੰਨਾ॥	(ਪਰਛੰਨਾ) ਪ੍ਰਗਟ	Eiko Aap Firai Parashhannaa ||	The One Lord Himself moves about imperceptibly.	(ਦ੍ਰਿਸ਼ਟ-ਮਾਨ ਜਗਤ-ਰੂਪ ਪਰਦੇ ਵਿਚ) ਢੱਕਿਆ ਹੋਇਆ ਪਰਮਾਤਮਾ ਆਪ ਹੀ ਆਪ (ਸਾਰੇ ਜਗਤ ਵਿਚ) ਵਿਚਰ ਰਿਹਾ ਹੈ।
4492	111	ਗੁਰਮੁਖਿ ਵੇਖਾ ਤਾ ਇਹੁ ਮਨੁ ਭਿੰਨਾ॥	(ਭਿੰਨਾ) ਭਿੱਜਾ	Guramukh Vaekhaa Thaa Eihu Man Bhinnaa ||	As Gurmukh, I see Him, and then this mind is pleased and uplifted.	ਜਿਨ੍ਹਾਂ ਬੰਦਿਆਂ ਨੇ ਗੁਰੂ ਦੀ ਸਰਨ ਪੈ ਕੇ (ਉਸ ਗੁਪਤ ਪ੍ਰਭੂ ਨੂੰ) ਜਦੋਂ ਵੇਖ ਲਿਆ ਤਦੋਂ ਉਹਨਾਂ ਦਾ ਮਨ (ਉਸ ਦੇ ਪ੍ਰੇਮ-ਰਸ ਵਿਚ) ਭਿੱਜ ਗਿਆ।

4493	111	ਤ੍ਰਿਸਨਾ ਤਜਿ ਸਹਜ ਸੁਖੁ ਪਾਇਆ ਏਕੋ ਮੰਨਿ ਵਸਾਵਣਿਆ॥੧॥		Thrisanaa Thaj Sehaj Sukh Paaeiaa Eaeko Mann Vasaavaniaa ||1||	Renouncing desire, I have found intuitive peace and poise; I have enshrined the One within my mind. ||1||	(ਮਾਇਆ ਦੀ) ਤ੍ਰਿਸ਼ਨਾ ਛੱਡ ਕੇ ਉਹਨਾਂ ਆਤਮਕ ਅਡੋਲਤਾ ਦਾ ਆਨੰਦ ਹਾਸਲ ਕਰ ਲਿਆ, ਇਕ ਪਰਮਾਤਮਾ ਹੀ ਪਰਮਾਤਮਾ ਉਹਨਾਂ ਦੇ ਮਨ ਵਿਚ ਵਸ ਪਿਆ ॥੧॥
4494	111	ਹਉ ਵਾਰੀ ਜੀਉ ਵਾਰੀ ਇਕਸੁ ਸਿਉ ਚਿਤੁ ਲਾਵਣਿਆ॥		Ho Vaaree Jeeo Vaaree Eikas Sio Chith Laavaniaa ||	I am a sacrifice, my soul is a sacrifice, to those who focus their consciousness on the One.	ਮੈਂ ਉਹਨਾਂ ਮਨੁੱਖਾਂ ਤੋਂ ਸਦਾ ਸਦਕੇ ਹਾਂ ਕੁਰਬਾਨ ਹਾਂ, ਜੇਹੜੇ ਇਕ ਪਰਮਾਤਮਾ ਦੇ ਨਾਲ ਹੀ ਚਿੱਤ ਜੋੜਦੇ ਹਨ।
4495	111	ਗੁਰਮਤੀ ਮਨੁ ਇਕਤੁ ਘਰਿ ਆਇਆ ਸਚੈ ਰੰਗਿ ਰੰਗਾਵਣਿਆ॥੧॥ਰਹਾਉ॥		Guramathee Man Eikath Ghar Aaeiaa Sachai Rang Rangaavaniaa ||1|| Rehaao ||	Through the Guru's Teachings, my mind has come to its only home; it is imbued with the True Color of the Lord's Love. ||1||Pause||	ਗੁਰੂ ਦੀ ਸਿਖਿਆ ਲੈ ਕੇ ਜਿਨ੍ਹਾਂ ਦਾ ਮਨ ਪਰਮਾਤਮਾ ਦੇ ਚਰਨਾਂ ਵਿਚ ਟਿਕ ਗਿਆ ਹੈ, ਉਹ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਪ੍ਰੇਮ-ਰੰਗ ਵਿਚ (ਸਦਾ ਲਈ) ਰੰਗੇ ਗਏ ॥੧॥ ਰਹਾਉ ॥
4496	111	ਇਹੁ ਜਗੁ ਭੂਲਾ ਤੈਂ ਆਪਿ ਭੁਲਾਇਆ॥		Eihu Jag Bhoolaa Thain Aap Bhulaaeiaa ||	This world is deluded; You Yourself have deluded it.	(ਹੇ ਪ੍ਰਭੂ!) ਇਹ ਜਗਤ ਕੁਰਾਹੇ ਪਿਆ ਹੋਇਆ ਹੈ (ਪਰ ਇਸ ਦੇ ਕੀਹ ਵੱਸ?) ਤੂੰ ਆਪ ਹੀ ਇਸ ਨੂੰ ਕੁਰਾਹੇ ਪਾਇਆ ਹੋਇਆ ਹੈ।

4497	111	ਇਕੁ ਵਿਸਾਰਿ ਦੂਜੈ ਲੋਭਾਇਆ॥		Eik Visaar Dhoojai Lobhaaeiaa ||	Forgetting the One, it has become engrossed in duality.	ਤੈਨੂੰ ਇਕ ਨੂੰ ਭੁਲ ਕੇ ਮਾਇਆ ਦੇ ਮੋਹ ਵਿਚ ਫਸਿਆ ਹੋਇਆ ਹੈ।
4498	111	ਅਨ ਦਿਨੁ ਸਦਾ ਫਿਰੈ ਭ੍ਰਮਿ ਭੂਲਾ ਬਿਨੁ ਨਾਵੈ ਦੁਖੁ ਪਾਵਣਿਆ॥੨॥		Anadhin Sadhaa Firai Bhram Bhoolaa Bin Naavai Dhukh Paavaniaa ||2||	Night and day, it wanders around endlessly, deluded by doubt; without the Name, it suffers in pain. ||2||	ਭਟਕਣਾ ਦੇ ਕਾਰਨ ਕੁਰਾਹੇ ਪਿਆ ਹੋਇਆ ਜਗਤ ਸਦਾ ਹਰ ਵੇਲੇ ਭਟਕਦਾ ਫਿਰਦਾ ਹੈ, ਤੇ ਤੇਰੇ ਨਾਮ ਤੋਂ ਖੁੰਝ ਕੇ ਦੁੱਖ ਸਹਾਰ ਰਿਹਾ ਹੈ ॥੨॥
4499	111	ਜੋ ਰੰਗਿ ਰਾਤੇ ਕਰਮ ਬਿਧਾਤੇ॥	(ਬਿਧਾਤੇ) ਵਾਹਿਗੁਰੂ ਜੀ ਦੀ (ਕਰਮ) ਕ੍ਰਿਪਾ ਨਾਲ	Jo Rang Raathae Karam Bidhhaathae ||	Those who are attuned to the Love of the Lord, the Architect of Destiny	ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਪੈਦਾ ਕਰਨ ਵਾਲੇ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਜੇਹੜੇ ਬੰਦੇ ਮਸਤ ਰਹਿੰਦੇ ਹਨ,
4500	111	ਗੁਰ ਸੇਵਾ ਤੇ ਜੁਗ ਚਾਰੇ ਜਾਤੇ॥	ਜੁੱਗ ਜਾੱਤੇ	Gur Saevaa Thae Jug Chaarae Jaathae ||	By serving the Guru, they are known throughout the four ages.	ਉਹ ਗੁਰੂ ਦੀ ਦੱਸੀ ਸੇਵਾ ਦੇ ਕਾਰਨ ਸਦਾ ਲਈ ਪ੍ਰਸਿੱਧ ਹੋ ਜਾਂਦੇ ਹਨ।
4501	111	ਜਿਸ ਨੋ ਆਪਿ ਦੇਇ ਵਡਿਆਈ ਹਰਿ ਕੈ ਨਾਮਿ ਸਮਾਵਣਿਆ॥੩॥		Jis No Aap Dhaee Vaddiaaee Har Kai Naam Samaavaniaa ||3||	Those, upon whom the Lord bestows greatness, are absorbed in the Name of the Lord. ||3||	(ਪਰ ਇਹ ਉਸ ਦੀ ਆਪਣੀ ਹੀ ਮੇਹਰ ਹੈ) ਪਰਮਾਤਮਾ ਆਪ ਹੀ ਜਿਸ ਮਨੁੱਖ ਨੂੰ ਇੱਜ਼ਤ ਦੇਂਦਾ ਹੈ, ਉਹ ਮੁਨੱਖ ਪਰਮਾਤਮਾ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ ॥੩॥
4502	111	ਮਾਇਆ ਮੋਹਿ ਹਰਿ ਚੇਤੈ ਨਾਹੀ॥		Maaeiaa Mohi Har Chaethai Naahee ||	Being in love with Maya, they do not think of the Lord.	ਜੇਹੜਾ ਮਨੁੱਖ ਮਾਇਆ ਦੇ ਮੋਹ ਵਿਚ ਫਸ ਕੇ ਪਰਮਾਤਮਾ ਨੂੰ ਚੇਤੇ ਨਹੀਂ ਰਖਦਾ,

4503	111	ਜਮਪੁਰਿ ਬਧਾ ਦੁਖ ਸਹਾਹੀ॥	ਬੱਧਾ	Jamapur Badhhaa Dhukh Sehaahee ||	Bound and gagged in the City of Death, they suffer in terrible pain.	ਉਹ (ਆਪਣੇ ਕੀਤੇ ਕਰਮਾਂ ਦੇ ਵਿਕਾਰਾਂ ਦਾ ਬੱਝਾ ਹੋਇਆ ਜਮ ਦੀ ਨਗਰੀ ਵਿਚ (ਆਤਮਕ ਮੌਤ ਦੇ ਕਾਬੂ ਵਿਚ ਆਇਆ ਹੋਇਆ) ਦੁੱਖ ਸਹਾਰਦਾ ਹੈ।
4504	111	ਅੰਨਾ ਬੋਲਾ ਕਿਛੁ ਨਦਰਿ ਨ ਆਵੈ ਮਨਮੁਖ ਪਾਪਿ ਪਚਾਵਣਿਆ॥੪॥	ਅੰਨ੍ਹਾ ਬੋਲ਼ਾ	Annaa Bolaa Kishh Nadhar N Aavai Manamukh Paap Pachaavaniaa ||4||	Blind and deaf, they see nothing at all; the self-willed manmukhs rot away in sin. ||4||	ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਉਹ ਮਨੁੱਖ (ਪਰਮਾਤਮਾ ਦੀ ਸਿਫ਼ਤ-ਸਾਲਾਹ) ਸੁਣਨ ਤੋਂ ਅਸਮਰਥ ਰਹਿੰਦਾ ਹੈ (ਮਾਇਆ ਤੋਂ ਬਿਨਾ) ਉਸ ਨੂੰ ਹੋਰ ਕੁਝ ਦਿੱਸਦਾ ਭੀ ਨਹੀਂ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਪਾਪ (ਵਾਲੇ ਜੀਵਨ) ਵਿਚ ਹੀ ਸੜਦੇ ਰਹਿੰਦੇ ਹਨ ॥੪॥
4505	111	ਇਕਿ ਰੰਗਿ ਰਾਤੇ ਜੋ ਤੁਧੁ ਆਪਿ ਲਿਵ ਲਾਏ॥	ਰੱਾਤੇ	Eik Rang Raathae Jo Thudhh Aap Liv Laaeae ||	Those, whom You attach to Your Love, are attuned to Your Love.	(ਹੇ ਪ੍ਰਭੂ!) ਜਿਨ੍ਹਾਂ ਬੰਦਿਆਂ ਨੂੰ ਤੂੰ ਆਪ ਆਪਣੇ ਨਾਮ ਦੀ ਲਗਨ ਲਾਈ ਹੈ, ਉਹ ਤੇਰੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ।
4506	111	ਭਾਇ ਭਗਤਿ ਤੇਰੈ ਮਨਿ ਭਾਏ॥		Bhaae Bhagath Thaerai Man Bhaaeae ||	Through loving devotional worship, they become pleasing to Your Mind.	(ਤੇਰੇ ਚਰਨਾਂ ਨਾਲ) ਪ੍ਰੇਮ ਦੇ ਕਾਰਨ (ਤੇਰੀ) ਭਗਤੀ ਦੇ ਕਾਰਨ ਉਹ ਤੈਨੂੰ ਤੇਰੇ ਮਨ ਵਿਚ ਪਿਆਰੇ ਲੱਗਦੇ ਹਨ।

4507	111	ਸਤਿਗੁਰੁ ਸੇਵਨਿ ਸਦਾ ਸੁਖਦਾਤਾ ਸਭ ਇਛਾ ਆਪਿ ਪੁਜਾਵਣਿਆ॥੫॥		Sathigur Saevan Sadhaa Sukhadhaathaa Sabh Eishhaa Aap Pujaavaniaa ||5||	They serve the True Guru, the Giver of eternal peace, and all their desires are fulfilled. ||5||	ਉਹ ਮਨੁੱਖ ਆਤਮਕ ਆਨੰਦ ਦੇਣ ਵਾਲੇ ਗੁਰੂ ਦੀ ਦੱਸੀ ਸੇਵਾ ਸਦਾ ਕਰਦੇ ਹਨ। ਹੇ ਪ੍ਰਭੂ! ਤੂੰ ਆਪ ਉਹਨਾਂ ਦੀ ਹਰੇਕ ਇੱਛਾ ਪੂਰੀ ਕਰਦਾ ਹੈਂ ॥੫॥
4508	111	ਹਰਿ ਜੀਉ ਤੇਰੀ ਸਦਾ ਸਰਣਾਈ॥		Har Jeeo Thaeree Sadhaa Saranaaee ||	O Dear Lord, I seek Your Sanctuary forever.	ਹੇ ਪ੍ਰਭੂ ਜੀ! ਮੈਂ ਤੇਰਾ ਸਦਾ ਹੀ ਆਸਰਾ ਤੱਕਦਾ ਹਾਂ।
4509	111	ਆਪੇ ਬਖਸਿਹਿ ਦੇ ਵਡਿਆਈ॥	ਬਖਸਿਹਿ	Aapae Bakhasihi Dhae Vaddiaaee ||	You Yourself forgive us, and bless us with Glorious Greatness.	ਤੂੰ ਜੀਵਾਂ ਨੂੰ ਵਡਿਆਈ ਦੇ ਕੇ ਆਪ ਹੀ ਬਖ਼ਸ਼ਸ਼ ਕਰਦਾ ਹੈਂ।
4510	111	ਜਮਕਾਲੁ ਤਿਸੁ ਨੇੜਿ ਨ ਆਵੈ ਜੋ ਹਰਿ ਹਰਿ ਨਾਮੁ ਧਿਆਵਣਿਆ॥੬॥		Jamakaal This Naerr N Aavai Jo Har Har Naam Dhhiaavaniaa ||6||	The Messenger of Death does not draw near those who meditate on the Name of the Lord, Har, Har. ||6||	(ਹੇ ਭਾਈ!) ਜੋ ਮਨੁੱਖ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਹੈ, ਆਤਮਕ ਮੌਤ ਉਸਦੇ ਨੇੜੇ ਨਹੀਂ ਢੁਕ ਸਕਦੀ ॥੬॥
4511	111	ਅਨ ਦਿਨੁ ਰਾਤੇ ਜੋ ਹਰਿ ਭਾਏ॥		Anadhin Raathae Jo Har Bhaaeae ||	Night and day, they are attuned to His Love; they are pleasing to the Lord.	ਜੇਹੜੇ ਮਨੁੱਖ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ, ਉਹ ਹਰ ਵੇਲੇ (ਹਰ ਰੋਜ਼) ਉਸ ਦੇ ਪ੍ਰੇਮ ਵਿਚ ਮਸਤ ਰਹਿੰਦੇ ਹਨ।
4512	111	ਮੇਰੈ ਪ੍ਰਭਿ ਮੇਲੇ ਮੇਲਿ ਮਿਲਾਏ॥		Maerai Prabh Maelae Mael Milaaeae ||	My God merges with them, and unites them in Union.	ਮੇਰੇ ਪ੍ਰਭੂ ਨੇ ਉਹਨਾਂ ਨੂੰ ਆਪਣੇ ਨਾਲ ਮਿਲਾ ਲਿਆ ਹੈ, ਆਪਣੇ ਚਰਨਾਂ ਵਿਚ ਜੋੜ ਲਿਆ ਹੈ।

4513	111	ਸਦਾ ਸਦਾ ਸਚੇ ਤੇਰੀ ਸਰਣਾਈ ਤੂੰ ਆਪੇ ਸਚੁ ਬੁਝਾਵਣਿਆ॥੭॥	ਬੁੱਝਾਵਣਿਆ	Sadhaa Sadhaa Sachae Thaeree Saranaaee Thoon Aapae Sach Bujhaavaniaa ||7||	Forever and ever, O True Lord, I seek the Protection of Your Sanctuary; You Yourself inspire us to understand the Truth. ||7||	ਹੇ ਸਦਾ-ਥਿਰ ਰਹਿਣ ਵਾਲੇ ਪ੍ਰਭੂ! ਉਹ ਮਨੁੱਖ ਸਦਾ ਹੀ ਸਦਾ ਹੀ ਤੇਰਾ ਪੱਲਾ ਫੜੀ ਰੱਖਦੇ ਹਨ, ਤੂੰ ਆਪ ਹੀ ਉਹਨਾਂ ਨੂੰ ਆਪਣੇ ਸਦਾ-ਥਿਰ ਨਾਮ ਦੀ ਸੂਝ ਬਖ਼ਸ਼ਦਾ ਹੈਂ ॥੭॥
4514	111	ਜਿਨ ਸਚੁ ਜਾਤਾ ਸੇ ਸਚਿ ਸਮਾਣੇ॥	(ਜਾਤਾ) ਜਾਣੇ	Jin Sach Jaathaa Sae Sach Samaanae ||	Those who know the Truth are absorbed in Truth.	ਜਿਨ੍ਹਾਂ ਬੰਦਿਆਂ ਨੇ ਸਦਾ-ਥਿਰ ਪ੍ਰਭੂ ਨਾਲ ਡੂੰਘੀ ਸਾਂਝ ਪਾਈ ਹੈ, ਉਹ ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਲੀਨ ਰਹਿੰਦੇ ਹਨ।
4515	111	ਹਰਿ ਗੁਣ ਗਾਵਹਿ ਸਚੁ ਵਖਾਣੇ॥	(ਵਖਾਣੇ) ਉਚਾਰਨਾ	Har Gun Gaavehi Sach Vakhaanae ||	They sing the Lord's Glorious Praises, and speak the Truth.	ਉਹ ਸਦਾ-ਥਿਰ ਪ੍ਰਭੂ ਦਾ ਨਾਮ ਉਚਾਰ ਉਚਾਰ ਕੇ ਸਦਾ ਉਸਦੇ ਗੁਣ ਗਾਂਦੇ ਹਨ।
4516	111	ਨਾਨਕ ਨਾਮਿ ਰਤੇ ਬੈਰਾਗੀ ਨਿਜ ਘਰਿ ਤਾੜੀ ਲਾਵਣਿਆ॥੮॥੩॥੪॥		Naanak Naam Rathae Bairaagee Nij Ghar Thaarree Laavaniaa ||8||3||4||	O Nanak, those who are attuned to the Naam remain unattached and balanced; in the home of the inner self, they are absorbed in the primal trance of deep meditation. ||8||3||4||	ਹੇ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦੇ ਨਾਮ ਵਿਚ ਰੰਗੇ ਰਹਿੰਦੇ ਹਨ, ਉਹ ਮਾਇਆ ਦੇ ਮੋਹ ਵੱਲੋਂ ਉਪਰਾਮ ਹੋ ਜਾਂਦੇ ਹਨ, ਉਹ (ਬਾਹਰ ਮਾਇਆ ਦੇ ਪਿੱਛੇ ਭਟਕਣ ਦੀ ਥਾਂ) ਆਪਣੇ ਹਿਰਦੇ-ਘਰ ਵਿਚ ਟਿਕੇ ਰਹਿੰਦੇ ਹਨ ॥੮॥੩॥੪॥
4517	111	ਮਾਝ ਮਹਲਾ ੩॥		Maajh Mehalaa 3 ||	Maajh, Third Mehl:	

4518	111	ਸਬਦਿ ਮਰੈ ਸੁ ਮੁਆ ਜਾਪੈ॥		Sabadh Marai S Muaa Jaapai ||	One who dies in the Word of the Shabad is truly dead.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ (ਆਪਾ-ਭਾਵ ਵਲੋਂ) ਮਰਦਾ ਹੈ, ਉਹ (ਆਪਾ-ਭਾਵ ਵਲੋਂ) ਮਰਿਆ ਹੋਇਆ ਮਨੁੱਖ (ਜਗਤ ਵਿਚ) ਆਦਰ-ਮਾਣ ਪਾਂਦਾ ਹੈ,
4519	111	ਕਾਲੁ ਨ ਚਾਪੈ ਦੁਖੁ ਨ ਸੰਤਾਪੈ॥	(ਚਾਪੈ) ਦਬਾਉਂਦਾ। (ਸੰਤਾਪੈ) ਸਤਾਉਂਦਾ	Kaal N Chaapai Dhukh N Santhaapai ||	Death does not crush him, and pain does not afflict him.	ਉਸ ਨੂੰ ਆਤਮਕ ਮੌਤ (ਆਪਣੇ ਪੰਜੇ ਵਿਚ) ਫਸਾ ਨਹੀਂ ਸਕਦੀ, ਉਸ ਨੂੰ ਕੋਈ ਦੁੱਖ-ਕਲੇਸ਼ ਦੁਖੀ ਨਹੀਂ ਕਰ ਸਕਦਾ।
4520	111	ਜੋਤੀ ਵਿਚਿ ਮਿਲਿ ਜੋਤਿ ਸਮਾਣੀ ਸੁਣਿ ਮਨ ਸਚਿ ਸਮਾਵਣਿਆ॥੧॥		Jothee Vich Mil Joth Samaanee Sun Man Sach Samaavaniaa ||1||	His light merges and is absorbed into the Light, when he hears and merges in the Truth. ||1||	ਪ੍ਰਭੂ ਦੀ ਜੋਤਿ ਵਿਚ ਮਿਲ ਕੇ ਉਸ ਦੀ ਸੁਰਤ ਪ੍ਰਭੂ ਵਿਚ ਹੀ ਲੀਨ ਰਹਿੰਦੀ ਹੈ। ਤੇ, ਹੇ ਮਨ! ਉਹ ਮਨੁੱਖ (ਪ੍ਰਭੂ ਦੀ ਸਿਫ਼ਤ-ਸਾਲਾਹ) ਸੁਣ ਕੇ ਸਦਾ-ਥਿਰ ਪਰਮਾਤਮਾ ਵਿਚ ਸਮਾਇਆ ਰਹਿੰਦਾ ਹੈ ॥੧॥
4521	111	ਹਉ ਵਾਰੀ ਜੀਉ ਵਾਰੀ ਹਰਿ ਕੈ ਨਾਇ ਸੋਭਾ ਪਾਵਣਿਆ॥		Ho Vaaree Jeeo Vaaree Har Kai Naae Sobhaa Paavaniaa ||	I am a sacrifice, my soul is a sacrifice, to the Lord's Name, which brings us to glory.	ਮੈਂ ਸਦਾ ਉਹਨਾਂ ਤੋਂ ਸਦਕੇ ਕੁਰਬਾਨ ਜਾਂਦਾ ਹਾਂ, ਜੋ ਪਰਮਾਤਮਾ ਦੇ ਨਾਮ ਵਿਚ ਜੁੜ ਕੇ (ਲੋਕ ਪਰਲੋਕ ਵਿਚ) ਸੋਭਾ ਖੱਟਦੇ ਹਨ।

4522	111	ਸਤਿਗੁਰੁ ਸੇਵਿ ਸਚਿ ਚਿਤੁ ਲਾਇਆ ਗੁਰਮਤੀ ਸਹਜਿ ਸਮਾਵਣਿਆ॥੧॥ਰਹਾਉ॥		Sathigur Saev Sach Chith Laaeiaa Guramathee Sehaj Samaavaniaa ||1|| Rehaao ||	One who serves the True Guru, and focuses his consciousness on Truth, following the Guru's Teachings, is absorbed in intuitive peace and poise. ||1||Pause||	ਜੇਹੜੇ ਗੁਰੂ ਦੀ ਦੱਸੀ ਸੇਵਾ ਕਰ ਕੇ ਸਦਾ-ਥਿਰ ਪ੍ਰਭੂ ਵਿਚ ਚਿੱਤ ਜੋੜਦੇ ਹਨ ਉਹ ਗੁਰੂ ਦੀ ਮਤਿ ਤੇ ਤੁਰ ਕੇ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ ॥੧॥ ਰਹਾਉ ॥
4523	111	ਕਾਇਆ ਕਚੀ ਕਚਾ ਚੀਰੁ ਹੰਢਾਏ॥	(ਚੀਰੁ) ਕੱਪੜਾ। ਕੱਚੀ ਕੱਚਾ	Kaaeiaa Kachee Kachaa Cheer Handtaaeae ||	This human body is transitory, and transitory are the garments it wears.	ਇਹ ਸਰੀਰ ਨਾਸਵੰਤ ਹੈ, ਮਾਨੋ, ਕਮਜ਼ੋਰ ਜਿਹਾ ਕੱਪੜਾ ਹੈ (ਪਰ ਮਨੁੱਖ ਦੀ ਜਿੰਦ ਇਸ) ਜਰਜਰੇ ਕੱਪੜੇ ਨੂੰ ਹੀ ਹਢਾਂਦੀ ਰਹਿੰਦੀ ਹੈ (ਭਾਵ, ਜਿੰਦ ਸਰੀਰਕ ਭੋਗਾਂ ਵਿਚ ਹੀ ਮਗਨ ਰਹਿੰਦੀ ਹੈ)।
4524	111	ਦੂਜੈ ਲਾਗੀ ਮਹਲੁ ਨ ਪਾਏ॥		Dhoojai Laagee Mehal N Paaeae ||	Attached to duality, no one attains the Mansion of the Lord's Presence.	(ਜਿੰਦ) ਮਾਇਆ ਦੇ ਪਿਆਰ ਵਿਚ ਲੱਗੀ ਰਹਿੰਦੀ ਹੈ (ਇਸ ਵਾਸਤੇ ਇਹ ਪ੍ਰਭੂ-ਚਰਨਾਂ ਵਿਚ) ਟਿਕਾਣਾ ਹਾਸਲ ਨਹੀਂ ਕਰ ਸਕਦੀ।
4525	112	ਅਨਦਿਨੁ ਜਲਦੀ ਫਿਰੈ ਦਿਨੁ ਰਾਤੀ ਬਿਨੁ ਪਿਰ ਬਹੁ ਦੁਖੁ ਪਾਵਣਿਆ॥੨॥		Anadhin Jaladhee Firai Dhin Raathee Bin Pir Bahu Dhukh Paavaniaa ||2||	Night and day, day and night, they burn. Without her Husband Lord, the soul-bride suffers in terrible pain. ||2||	(ਮਾਇਆ ਦੇ ਮੋਹ ਦੇ ਕਾਰਨ ਜਿੰਦ) ਹਰ ਵੇਲੇ ਦਿਨ ਰਾਤ ਸੜਦੀ ਤੇ ਭਟਕਦੀ ਹੈ, ਪ੍ਰਭੂ-ਪਤੀ (ਦੇ ਮਿਲਾਪ) ਤੋਂ ਬਿਨਾ ਬਹੁਤ ਦੁੱਖ ਝੱਲਦੀ ਹੈ ॥੨॥

4526	112	ਦੇਹੀ ਜਾਤਿ ਨ ਆਗੈ ਜਾਏ॥		Dhaehee Jaath N Aagai Jaaeae ||	Her body and her status shall not go with her to the world hereafter.	ਪ੍ਰਭੂ ਦੀ ਹਜ਼ੂਰੀ ਵਿਚ (ਮਨੁੱਖ ਦਾ) ਸਰੀਰ ਨਹੀਂ ਜਾ ਸਕਦਾ, ਉੱਚੀ ਜਾਤਿ ਭੀ ਨਹੀਂ ਪਹੁੰਚ ਸਕਦੀ (ਜਿਸ ਦਾ ਮਨੁੱਖ ਇਤਨਾ ਮਾਣ ਕਰਦਾ ਹੈ)।
4527	112	ਜਿਥੈ ਲੇਖਾ ਮੰਗੀਐ ਤਿਥੈ ਛੁਟੈ ਸਚੁ ਕਮਾਏ॥		Jithhai Laekhaa Mangeeai Thithhai Shhuttai Sach Kamaaeae ||	Where she is called to answer for her account, there, she shall be emancipated only by true actions.	ਜਿਥੇ (ਪਰਲੋਕ ਵਿਚ ਹਰੇਕ ਮਨੁੱਖ ਪਾਸੋਂ ਕੀਤੇ ਕਰਮਾਂ ਦਾ) ਹਿਸਾਬ ਮੰਗਿਆ ਜਾਂਦਾ ਹੈ, ਉਥੇ ਤਾਂ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ ਦੀ ਕਮਾਈ ਕਰਕੇ ਹੀ ਸੁਰਖ਼ਰੂ ਹੋਈਦਾ ਹੈ।
4528	112	ਸਤਿਗੁਰੁ ਸੇਵਨਿ ਸੇ ਧਨਵੰਤੇ ਐਥੈ ਓਥੈ ਨਾਮਿ ਸਮਾਵਣਿਆ॥੩॥	(ਸੇਵਨਿ) ਸੇਵਾ ਕਰਦੇ ਅਥਵਾ ਯਾਦ ਕਰਦੇ	Sathigur Saevan Sae Dhhanavanthae Aithhai Outhhai Naam Samaavaniaa ||3||	Those who serve the True Guru shall prosper; here and hereafter, they are absorbed in the Naam. ||3||	ਜੇਹੜੇ ਮਨੁੱਖ ਗੁਰੂ ਦੀ ਦੱਸੀ ਸੇਵਾ ਕਰਦੇ ਹਨ, ਉਹ (ਪ੍ਰਭੂ ਦੇ ਨਾਮ-ਧਨ ਨਾਲ) ਧਨਾਢ ਬਣ ਜਾਂਦੇ ਹਨ, ਉਹ ਇਸ ਲੋਕ ਵਿਚ ਭੀ ਤੇ ਪਰਲੋਕ ਵਿਚ ਸਦਾ ਪ੍ਰਭੂ ਦੇ ਨਾਮ ਵਿਚ ਹੀ ਲੀਨ ਰਹਿੰਦੇ ਹਨ ॥੩॥
4529	112	ਭੈ ਭਾਇ ਸੀਗਾਰੁ ਬਣਾਏ॥		Bhai Bhaae Seegaar Banaaeae ||	She who adorns herself with the Love and the Fear of God,	ਜੇਹੜਾ ਮਨੁੱਖ ਪ੍ਰਭੂ ਦੇ ਡਰ-ਅਦਬ ਵਿਚ ਰਹਿ ਕੇ ਪ੍ਰਭੂ ਦੇ ਪ੍ਰੇਮ ਵਿਚ ਮਗਨ ਹੋ ਕੇ (ਪ੍ਰਭੂ ਦੇ ਨਾਮ ਨੂੰ ਆਪਣੇ ਜੀਵਨ ਦਾ) ਗਹਣਾ ਬਣਾਂਦਾ ਹੈ,
4530	112	ਗੁਰ ਪਰਸਾਦੀ ਮਹਲੁ ਘਰੁ ਪਾਏ॥		Gur Parasaadhee Mehal Ghar Paaeae ||	By Guru's Grace, obtains the Mansion of the Lord's Presence as her home.	ਉਹ ਗੁਰੂ ਦੀ ਕਿਰਪਾ ਨਾਲ ਪ੍ਰਭੂ-ਚਰਨਾਂ ਵਿਚ ਟਿਕਾਣਾ ਬਣਾ ਲੈਂਦਾ ਹੈ ਪ੍ਰਭੂ-ਚਰਨਾਂ ਵਿਚ ਘਰ ਪ੍ਰਾਪਤ ਕਰ ਲੈਂਦਾ ਹੈ।

4531	112	ਅਨਦਿਨੁ ਸਦਾ ਰਵੈ ਦਿਨੁ ਰਾਤੀ ਮਜੀਠੈ ਰੰਗੁ ਬਣਾਵਣਿਆ॥੪॥	(ਅਨਦਿਨੁ) ਇੱਕ-ਰਸ। (ਮਜੀਠੈ) ਮਜੀਠ ਵਾਂਗ ਪੱਕਾ ਰੰਗੁ	Anadhin Sadhaa Ravai Dhin Raathee Majeethai Rang Banaavaniaa ||4||	Night and day, day and night, she constantly ravishes and enjoys her Beloved. She is dyed in the permanent color of His Love. ||4||	ਉਹ ਹਰ ਰੋਜ਼ ਦਿਨੇ ਰਾਤ ਪਰਮਾਤਮਾ ਦਾ ਨਾਮ ਸਿਮਰਦਾ ਹੈ (ਉਹ ਆਪਣੀ ਜਿੰਦ ਨੂੰ) ਮਜੀਠ ਵਰਗਾ (ਪੱਕਾ ਪ੍ਰਭੂ ਦਾ) ਨਾਮ-ਰੰਗ ਚਾੜ੍ਹ ਲੈਂਦਾ ਹੈ ॥੪॥
4532	112	ਸਭਨਾ ਪਿਰੁ ਵਸੈ ਸਦਾ ਨਾਲੇ॥		Sabhanaa Pir Vasai Sadhaa Naalae ||	The Husband Lord abides with everyone, always;	(ਹੇ ਭਾਈ!) ਪ੍ਰਭੂ-ਪਤੀ ਸਦਾ ਸਭ ਜੀਵਾਂ ਦੇ ਨਾਲ (ਸਭ ਦੇ ਅੰਦਰ) ਵੱਸਦਾ ਹੈ,
4533	112	ਗੁਰ ਪਰਸਾਦੀ ਕੋ ਨਦਰਿ ਨਿਹਾਲੇ॥		Gur Parasaadhee Ko Nadhar Nihaalae ||	But how rare are those few who, by Guru's Grace, obtain His Glance of Grace.	ਪਰ ਕੋਈ ਵਿਰਲਾ ਜੀਵ ਗੁਰੂ ਦੀ ਕਿਰਪਾ ਨਾਲ (ਉਸ ਨੂੰ ਹਰ ਥਾਂ) ਆਪਣੀ ਅੱਖੀਂ ਵੇਖਦਾ ਹੈ।
4534	112	ਮੇਰਾ ਪ੍ਰਭੁ ਅਤਿ ਊਚੋ ਊਚਾ ਕਰਿ ਕਿਰਪਾ ਆਪਿ ਮਿਲਾਵਣਿਆ॥੫॥		Maeraa Prabh Ath Oocho Oochaa Kar Kirapaa Aap Milaavaniaa ||5||	My God is the Highest of the High; granting His Grace, He merges us into Himself. ||5||	(ਹੇ ਭਾਈ!) ਪਿਆਰਾ ਪ੍ਰਭੂ ਬਹੁਤ ਹੀ ਉੱਚਾ ਹੈ (ਬੇਅੰਤ ਉੱਚੇ ਆਤਮਕ ਜੀਵਨ ਦਾ ਮਾਲਕ ਹੈ, ਤੇ ਅਸੀਂ ਜੀਵ ਨੀਵੇਂ ਜੀਵਨ ਵਾਲੇ ਹਾਂ) ਉਹ ਆਪ ਹੀ ਮਿਹਰ ਕਰ ਕੇ (ਜੀਵਾਂ ਨੂੰ ਆਪਣੇ ਚਰਨਾਂ ਵਿਚ) ਮਿਲਾਂਦਾ ਹੈ ॥੫॥
4535	112	ਮਾਇਆ ਮੋਹਿ ਇਹੁ ਜਗੁ ਸੁਤਾ॥	ਸੁੱਤਾ	Maaeiaa Mohi Eihu Jag Suthaa ||	This world is asleep in emotional attachment to Maya.	ਇਹ ਜਗਤ ਮਾਇਆ ਦੇ ਮੋਹ ਵਿਚ ਫਸ ਕੇ ਸੁੱਤਾ ਪਿਆ ਹੈ (ਆਤਮਕ ਜੀਵਨ ਵਲੋਂ ਅਵੇਸਲਾ ਹੋ ਰਿਹਾ ਹੈ।)

4536	112	ਨਾਮੁ ਵਿਸਾਰਿ ਅੰਤਿ ਵਿਗੁਤਾ॥	(ਵਿਗੁੱਤਾ) ਖਰਾਬ ਹੁੰਦਾ	Naam Visaar Anth Viguthaa ||	Forgetting the Naam, the Name of the Lord, it ultimately comes to ruin.	ਪਰਮਾਤਮਾ ਦਾ ਨਾਮ ਭੁਲਾ ਕੇ ਆਖ਼ਰ ਖ਼ੁਆਰ ਭੀ ਹੁੰਦਾ ਹੈ, (ਫਿਰ ਭੀ ਇਹ ਇਸ ਨੀਂਦ ਵਿਚੋਂ ਜਾਗਦਾ ਨਹੀਂ।
4537	112	ਜਿਸ ਤੇ ਸੁਤਾ ਸੋ ਜਾਗਾਏ ਗੁਰਮਤਿ ਸੋਝੀ ਪਾਵਣਿਆ॥੬॥		Jis Thae Suthaa So Jaagaaeae Guramath Sojhee Paavaniaa ||6||	The One who put it to sleep shall also awaken it. Through the Guru's Teachings, understanding dawns. ||6||	ਜਾਗੇ ਭੀ ਕਿਵੇਂ? ਇਸ ਦੇ ਵੱਸ ਦੀ ਗੱਲ ਨਹੀਂ) ਜਿਸਦੇ ਹੁਕਮ ਅਨੁਸਾਰ (ਜਗਤ ਮਾਇਆ ਦੇ ਮੋਹ ਦੀ ਨੀਂਦ ਵਿਚ) ਸੌਂ ਰਿਹਾ ਹੈ, ਉਹੀ ਇਸ ਨੂੰ ਜਗਾਂਦਾ ਹੈ, (ਉਹ ਪ੍ਰਭੂ ਆਪ ਹੀ ਇਸ ਨੂੰ) ਗੁਰੂ ਦੀ ਮਤਿ ਤੇ ਤੋਰ ਕੇ (ਆਤਮਕ ਜੀਵਨ ਦੀ) ਸਮਝ ਬਖ਼ਸ਼ਦਾ ਹੈ ॥੬॥
4538	112	ਅਪਿਉ ਪੀਐ ਸੋ ਭਰਮੁ ਗਵਾਏ॥	(ਅਪਿ-ਉ) ਅੰਮ੍ਰਿਤ	Apio Peeai So Bharam Gavaaeae ||	One who drinks in this Nectar, shall have his delusions dispelled.	ਜੇਹੜਾ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਹੈ, ਉਹ (ਮਾਇਆ ਦੇ ਮੋਹ ਵਾਲੀ) ਭਟਕਣਾ ਦੂਰ ਕਰ ਲੈਂਦਾ ਹੈ।
4539	112	ਗੁਰ ਪਰਸਾਦਿ ਮੁਕਤਿ ਗਤਿ ਪਾਏ॥		Gur Parasaadh Mukath Gath Paaeae ||	By Guru's Grace, the state of liberation is attained.	ਗੁਰੂ ਦੀ ਕਿਰਪਾ ਨਾਲ ਉਹ ਮਾਇਆ ਦੇ ਮੋਹ ਤੋਂ ਖ਼ਲਾਸੀ ਪਾ ਲੈਂਦਾ ਹੈ, ਉਹ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲੈਂਦਾ ਹੈ।

4540	112	ਭਗਤੀ ਰਤਾ ਸਦਾ ਬੈਰਾਗੀ ਆਪੁ ਮਾਰਿ ਮਿਲਾਵਣਿਆ॥੭॥		Bhagathee Rathaa Sadhaa Bairaagee Aap Maar Milaavaniaa ||7||	One who is imbued with devotion to the Lord, remains always balanced and detached. Subduing selfishness and conceit, he is united with the Lord. ||7||	ਉਹ ਮਨੁੱਖ ਪਰਮਾਤਮਾ ਦੀ ਭਗਤੀ (ਦੇ ਰੰਗ) ਵਿਚ ਰੰਗਿਆ ਜਾਂਦਾ ਹੈ, (ਇਸ ਦੀ ਬਰਕਤਿ ਨਾਲ ਉਹੀ) ਮਾਇਆ ਦੇ ਮੋਹ ਤੋਂ ਨਿਰਲੇਪ ਰਹਿੰਦਾ ਹੈ, ਤੇ ਆਪਾ-ਭਾਵ ਮਾਰ ਕੇ ਉਹ ਆਪਣੇ ਆਪ ਨੂੰ ਪ੍ਰਭੂ-ਚਰਨਾਂ ਵਿਚ ਮਿਲਾ ਲੈਂਦਾ ਹੈ ॥੭॥
4541	112	ਆਪਿ ਉਪਾਏ ਧੰਧੈ ਲਾਏ॥		Aap Oupaaeae Dhhandhhai Laaeae ||	He Himself creates, and He Himself assigns us to our tasks.	ਪ੍ਰਭੂ ਆਪ ਹੀ ਜੀਵਾਂ ਨੂੰ ਪੈਦਾ ਕਰਦਾ ਹੈ ਤੇ ਆਪ ਹੀ ਮਾਇਆ ਦੀ ਦੌੜ ਭੱਜ ਵਿਚ ਜੋੜ ਦੇਂਦਾ ਹੈ।
4542	112	ਲਖ ਚਉਰਾਸੀ ਰਿਜਕੁ ਆਪਿ ਅਪੜਾਏ॥		Lakh Chouraasee Rijak Aap Aparraaeae ||	He Himself gives sustenance to the 8.4 million species of beings.	ਚੌਰਾਸੀ ਲੱਖ ਜੂਨਾਂ ਦੇ ਜੀਵਾਂ ਨੂੰ ਰਿਜ਼ਕ ਭੀ ਪ੍ਰਭੂ ਆਪ ਹੀ ਅਪੜਾਂਦਾ ਹੈ।
4543	112	ਨਾਨਕ ਨਾਮੁ ਧਿਆਇ ਸਚਿ ਰਾਤੇ ਜੋ ਤਿਸੁ ਭਾਵੈ ਸੁ ਕਾਰ ਕਰਾਵਣਿਆ॥੮॥੪॥੫॥		Naanak Naam Dhhiaae Sach Raathae Jo This Bhaavai S Kaar Karaavaniaa ||8||4||5||	O Nanak, those who meditate on the Naam are atuned to Truth. They do that which is pleasing to His Will. ||8||4||5||	ਹੇ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰ ਕੇ ਉਸ ਸਦਾ-ਥਿਰ ਪ੍ਰਭੂ (ਦੇ ਨਾਮ-ਰੰਗ) ਵਿਚ ਰੰਗੇ ਰਹਿੰਦੇ ਹਨ, ਉਹ ਉਹੀ ਕਾਰ ਕਰਦੇ ਹਨ ਜੋ ਉਸ ਪਰਮਾਤਮਾ ਨੂੰ ਪਰਵਾਨ ਹੁੰਦੀ ਹੈ ॥੮॥੪॥੫॥
4544	112	ਮਾਝ ਮਹਲਾ ੩॥		Maajh Mehalaa 3 ||	Maajh, Third Mehl:	

4545	112	ਅੰਦਰਿ ਹੀਰਾ ਲਾਲੁ ਬਣਾਇਆ॥		Andhar Heeraa Laal Banaaeiaa ||	Diamonds and rubies are produced deep within the self.	ਪਰਮਾਤਮਾ ਨੇ ਹਰੇਕ ਸਰੀਰ ਦੇ ਅੰਦਰ (ਆਪਣੀ ਜੋਤਿ-ਰੂਪ) ਹੀਰਾ ਲਾਲ ਟਿਕਾਇਆ ਹੋਇਆ ਹੈ,
4546	112	ਗੁਰ ਕੈ ਸਬਦਿ ਪਰਖਿ ਪਰਖਾਇਆ॥		Gur Kai Sabadh Parakh Parakhaaeiaa ||	They are assayed and valued through the Word of the Guru's Shabad.	(ਪਰ ਵਿਰਲੇ ਭਾਗਾਂ ਵਾਲਿਆਂ ਨੇ) ਗੁਰੂ ਦੇ ਸ਼ਬਦ ਦੀ ਰਾਹੀਂ (ਉਸ ਹੀਰੇ ਲਾਲ ਦੀ) ਪਰਖ ਕਰ ਕੇ (ਸਾਧ ਸੰਗਤਿ ਵਿਚ) ਪਰਖ ਕਰਾਈ ਹੈ।
4547	112	ਜਿਨ ਸਚੁ ਪਲੈ ਸਚੁ ਵਖਾਣਹਿ ਸਚੁ ਕਸਵਟੀ ਲਾਵਣਿਆ॥੧॥	(ਵਖਾਣਹਿ) ਸਿਮਰਦੇ। ਪੱਲੈ। ਕਸਵੱਟੀ	Jin Sach Palai Sach Vakhaanehi Sach Kasavattee Laavaniaa ||1||	Those who have gathered Truth, speak Truth; they apply the Touch-stone of Truth. ||1||	ਜਿਨ੍ਹਾਂ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਦਾ ਨਾਮ-ਹੀਰਾ ਵੱਸ ਪਿਆ ਹੈ, ਉਹ ਸਦਾ-ਥਿਰ ਨਾਮ ਸਿਮਰਦੇ ਹਨ, ਉਹ ਆਪਣੇ ਆਤਮਕ ਜੀਵਨ ਦੀ ਪਰਖ ਵਾਸਤੇ) ਸਦਾ-ਥਿਰ ਨਾਮ ਨੂੰ ਹੀ ਕਸਵੱਟੀ (ਦੇ ਤੌਰ ਤੇ) ਵਰਤਦੇ ਹਨ ॥੧॥
4548	112	ਹਉ ਵਾਰੀ ਜੀਉ ਵਾਰੀ ਗੁਰ ਕੀ ਬਾਣੀ ਮੰਨਿ ਵਸਾਵਣਿਆ॥		Ho Vaaree Jeeo Vaaree Gur Kee Baanee Mann Vasaavaniaa ||	I am a sacrifice, my soul is a sacrifice, to those who enshrine the Word of the Guru's Bani within their minds.	ਮੈਂ ਸਦਾ ਉਹਨਾਂ ਤੋਂ ਸਦਕੇ ਕੁਰਬਾਨ ਜਾਂਦਾ ਹਾਂ, ਜੋ ਗੁਰੂ ਦੀ ਬਾਣੀ ਨੂੰ ਆਪਣੇ ਮਨ ਵਿਚ ਵਸਾਂਦੇ ਹਨ।

4549	112	ਅੰਜਨ ਮਾਹਿ ਨਿਰੰਜਨੁ ਪਾਇਆ ਜੋਤੀ ਜੋਤਿ ਮਿਲਾਵਣਿਆ॥੧॥ਰਹਾਉ॥	(ਅੰਜਨ) ਮਾਇਆ ਕਾਲ਼ਖ ਰੂਪੀ ਸੰਸਾਰ	Anjan Maahi Niranjan Paaeiaa Jothee Joth Milaavaniaa ||1|| Rehaao ||	In the midst of the darkness of the world, they obtain the Immaculate One, and their light merges into the Light. ||1||Pause||	ਉਹਨਾਂ ਨੇ ਮਾਇਆ ਵਿਚ ਵਿਚਰਦਿਆਂ ਹੀ (ਇਸ ਬਾਣੀ ਦੀ ਬਰਕਤਿ ਨਾਲ) ਨਿਰੰਜਨ ਪ੍ਰਭੂ ਨੂੰ ਲੱਭ ਲਿਆ ਹੈ, ਉਹ ਆਪਣੀ ਸੁਰਤ ਨੂੰ ਪ੍ਰਭੂ ਦੀ ਜੋਤਿ ਵਿਚ ਮਿਲਾਈ ਰੱਖਦੇ ਹਨ ॥੧॥ ਰਹਾਉ ॥
4550	112	ਇਸੁ ਕਾਇਆ ਅੰਦਰਿ ਬਹੁਤੁ ਪਸਾਰਾ॥		Eis Kaaeiaa Andhar Bahuth Pasaaraa ||	Within this body are countless vast vistas;	(ਇਕ ਪਾਸੇ) ਇਸ ਮਨੁੱਖਾ ਸਰੀਰ ਵਿਚ (ਮਾਇਆ ਦਾ) ਬਹੁਤ ਖਿਲਾਰਾ ਖਿਲਾਰਿਆ ਹੋਇਆ ਹੈ,
4551	112	ਨਾਮੁ ਨਿਰੰਜਨੁ ਅਤਿ ਅਗਮ ਅਪਾਰਾ॥		Naam Niranjan Ath Agam Apaaraa ||	The Immaculate Naam is totally Inaccessible and Infinite.	(ਦੂਜੇ ਪਾਸੇ) ਪ੍ਰਭੂ ਮਾਇਆ ਦੇ ਪ੍ਰਭਾਵ ਤੋਂ ਉਤਾਂਹ ਹੈ ਅਪਹੁੰਚ ਹੈ ਬੇਅੰਤ ਹੈ, ਉਸ ਦਾ ਨਾਮ (ਮਨੁੱਖ ਨੂੰ ਪ੍ਰਾਪਤ ਕਿਵੇਂ ਹੋਵੇ?)।
4552	112	ਗੁਰਮੁਖਿ ਹੋਵੈ ਸੋਈ ਪਾਏ ਆਪੇ ਬਖਸਿ ਮਿਲਾਵਣਿਆ॥੨॥		Guramukh Hovai Soee Paaeae Aapae Bakhas Milaavaniaa ||2||	He alone becomes Gurmukh and obtains it, whom the Lord forgives, and unites with Himself. ||2||	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ, ਉਹੀ (ਨਿਰੰਜਨ ਦੇ ਨਾਮ ਨੂੰ) ਪ੍ਰਾਪਤ ਕਰਦਾ ਹੈ, ਪ੍ਰਭੂ ਆਪ ਹੀ ਮਿਹਰ ਕਰ ਕੇ (ਉਸ ਨੂੰ ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈ ॥੨॥
4553	112	ਮੇਰਾ ਠਾਕੁਰੁ ਸਚੁ ਦ੍ਰਿੜਾਏ॥		Maeraa Thaakur Sach Dhrirraaeae ||	My Lord and Master implants the Truth.	ਪਾਲਣਹਾਰਾ ਪਿਆਰਾ ਪ੍ਰਭੂ (ਜਿਸ ਮਨੁੱਖ ਦੇ ਹਿਰਦੇ ਵਿਚ ਆਪਣਾ) ਸਦਾ-ਥਿਰ ਨਾਮ ਦ੍ਰਿੜ੍ਹ ਕਰਦਾ ਹੈ,

4554	112	ਗੁਰ ਪਰਸਾਦੀ ਸਚਿ ਚਿਤੁ ਲਾਏ॥		Gur Parasaadhee Sach Chith Laaeae ||	By Guru's Grace, one's consciousness is attached to the Truth.	ਉਹ ਮਨੁੱਖ ਗੁਰੂ ਦੀ ਕਿਰਪਾ ਨਾਲ ਸਦਾ-ਥਿਰ ਪ੍ਰਭੂ ਵਿਚ ਆਪਣਾ ਮਨ ਜੋੜਦਾ ਹੈ।
4555	112	ਸਚੋ ਸਚੁ ਵਰਤੈ ਸਭਨੀ ਥਾਈ ਸਚੇ ਸਚਿ ਸਮਾਵਣਿਆ॥੩॥	ਥਾਂਈਂ	Sacho Sach Varathai Sabhanee Thhaaee Sachae Sach Samaavaniaa ||3||	The Truest of the True is pervading everywhere; the true ones merge in Truth. ||3||	(ਉਸ ਨੂੰ ਯਕੀਨ ਬਣ ਜਾਂਦਾ ਹੈ ਕਿ) ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਹੀ ਸਭ ਥਾਵਾਂ ਵਿਚ ਮੌਜੂਦ ਹੈ, ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿੰਦਾ ਹੈ ॥੩॥
4556	112	ਵੇਪਰਵਾਹੁ ਸਚੁ ਮੇਰਾ ਪਿਆਰਾ॥		Vaeparavaahu Sach Maeraa Piaaraa ||	The True Carefree Lord is my Beloved.	(ਹੇ ਭਾਈ!) ਮੇਰਾ ਪਿਆਰਾ ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਨੂੰ ਕਿਸੇ ਕਿਸਮ ਦੀ ਮੁਥਾਜੀ ਭੀ ਨਹੀਂ ਹੈ।
4557	112	ਕਿਲਵਿਖ ਅਵਗਣ ਕਾਟਣਹਾਰਾ॥		Kilavikh Avagan Kaattanehaaraa ||	He cuts out our sinful mistakes and evil actions;	ਉਹ ਸਭ ਜੀਵਾਂ ਦੇ ਪਾਪ ਤੇ ਔਗੁਣ ਦੂਰ ਕਰਨ ਦੀ ਤਾਕਤ ਰੱਖਦਾ ਹੈ।
4558	112	ਪ੍ਰੇਮ ਪ੍ਰੀਤਿ ਸਦਾ ਧਿਆਈਐ ਭੈ ਭਾਇ ਭਗਤਿ ਦ੍ਰਿੜਾਵਣਿਆ॥੪॥		Praem Preeth Sadhaa Dhhiaaeeai Bhai Bhaae Bhagath Dhrirraavaniaa ||4||	With love and affection, meditate forever on Him. He implants the Fear of God and loving devotional worship within us. ||4||	ਪ੍ਰੇਮ ਪਿਆਰ ਨਾਲ ਉਸ ਦਾ ਧਿਆਨ ਧਰਨਾ ਚਾਹੀਦਾ ਹੈ। ਉਸ ਦੇ ਡਰ-ਅਦਬ ਵਿਚ ਰਹਿ ਕੇ ਪਿਆਰ ਨਾਲ ਉਸਦੀ ਭਗਤੀ (ਆਪਣੇ ਹਿਰਦੇ ਵਿਚ) ਪੱਕੀ ਕਰਨੀ ਚਾਹੀਦੀ ਹੈ ॥੪॥

4559	112	ਤੇਰੀ ਭਗਤਿ ਸਚੀ ਜੇ ਸਚੇ ਭਾਵੈ॥		Thaeree Bhagath Sachee Jae Sachae Bhaavai ||	Devotional worship is True, if it pleases the True Lord.	ਹੇ ਸਦਾ-ਥਿਰ ਪ੍ਰਭੂ! ਤੇਰੀ ਸਦਾ-ਥਿਰ ਰਹਿਣ ਵਾਲੀ ਭਗਤੀ (ਦੀ ਦਾਤ ਜੀਵ ਨੂੰ ਤਦੋਂ ਹੀ ਮਿਲਦੀ ਹੈ ਜੇ) ਤੇਰੀ ਰਜ਼ਾ ਹੋਵੇ।
4560	112	ਆਪੇ ਦੇਇ ਨ ਪਛੋਤਾਵੈ॥		Aapae Dhaee N Pashhothaavai ||	He Himself bestows it; He does not regret it later.	(ਹੇ ਭਾਈ! ਭਗਤੀ ਅਤੇ ਹੋਰ ਸੰਸਾਰਕ ਪਦਾਰਥਾਂ ਦੀ ਦਾਤਿ) ਪ੍ਰਭੂ ਆਪ ਹੀ (ਜੀਵਾਂ ਨੂੰ) ਦੇਂਦਾ ਹੈ, (ਦੇ ਦੇ ਕੇ ਉਹ) ਪਛਤਾਂਦਾ ਭੀ ਨਹੀਂ (ਕਿਉਂਕਿ) ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਉਹ ਆਪ ਹੀ ਆਪ ਹੈ।
4561	112	ਸਭਨਾ ਜੀਆ ਕਾ ਏਕੋ ਦਾਤਾ ਸਬਦੇ ਮਾਰਿ ਜੀਵਾਵਣਿਆ॥੫॥		Sabhanaa Jeeaa Kaa Eaeko Dhaathaa Sabadhae Maar Jeevaavaniaa ||5||	He alone is the Giver of all beings. The Lord kills with the Word of His Shabad, and then revives. ||5||	ਗੁਰੂ ਦੇ ਸ਼ਬਦ ਦੀ ਰਾਹੀਂ (ਜੀਵ ਨੂੰ ਵਿਕਾਰਾਂ ਵਲੋਂ) ਮਾਰ ਕੇ ਆਪ ਹੀ ਆਤਮਕ ਜੀਵਨ ਦੇਣ ਵਾਲਾ ਹੈ ॥੫॥
4562	112	ਹਰਿ ਤੁਧੁ ਬਾਝਹੁ ਮੈ ਕੋਈ ਨਾਹੀ॥		Har Thudhh Baajhahu Mai Koee Naahee ||	Other than You, Lord, nothing is mine.	ਹੇ ਹਰੀ! ਤੈਥੋਂ ਬਿਨਾ ਮੈਨੂੰ (ਆਪਣਾ) ਕੋਈ ਹੋਰ (ਸਹਾਰਾ) ਨਹੀਂ ਦਿੱਸਦਾ।
4563	112	ਹਰਿ ਤੁਧੈ ਸੇਵੀ ਤੈ ਤੁਧੁ ਸਾਲਾਹੀ॥		Har Thudhhai Saevee Thai Thudhh Saalaahee ||	I serve You, Lord, and I praise You.	ਹੇ ਹਰੀ! ਮੈਂ ਤੇਰੀ ਹੀ ਸੇਵਾ-ਭਗਤੀ ਕਰਦਾ ਹਾਂ, ਮੈ ਤੇਰੀ ਹੀ ਸਿਫ਼ਤ-ਸਾਲਾਹ ਕਰਦਾ ਹਾਂ।

4564	112	ਆਪੇ ਮੇਲਿ ਲੈਹੁ ਪ੍ਰਭ ਸਾਚੇ ਪੂਰੈ ਕਰਮਿ ਤੂੰ ਪਾਵਣਿਆ॥੬॥		Aapae Mael Laihu Prabh Saachae Poorai Karam Thoon Paavaniaa ||6||	You unite me with Yourself, O True God. Through perfect good karma You are obtained. ||6||	ਹੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ! ਤੂੰ ਆਪ ਹੀ ਮੈਨੂੰ ਆਪਣੇ ਚਰਨਾਂ ਵਿਚ ਜੋੜੀ ਰੱਖ। ਤੇਰੀ ਪੂਰੀ ਮਿਹਰ ਨਾਲ ਹੀ ਤੈਨੂੰ ਮਿਲ ਸਕੀਦਾ ਹੈ ॥੬॥
4565	112	ਮੈ ਹੋਰੁ ਨ ਕੋਈ ਤੁਧੈ ਜੇਹਾ॥		Mai Hor N Koee Thudhhai Jaehaa ||	For me, there is no other like You.	ਹੇ ਪ੍ਰਭੂ! ਤੇਰੇ ਵਰਗਾ ਮੈਨੂੰ ਹੋਰ ਕੋਈ ਨਹੀਂ ਦਿੱਸਦਾ।
4566	112	ਤੇਰੀ ਨਦਰੀ ਸੀਝਸਿ ਦੇਹਾ॥	(ਸੀਝਸਿ) ਮੁਕਤ	Thaeree Nadharee Seejhas Dhaehaa ||	By Your Glance of Grace, my body is blessed and sanctified.	ਤੇਰੀ ਮਿਹਰ ਦੀ ਨਿਗਾਹ ਨਾਲ ਹੀ (ਜੇ ਤੇਰੀ ਭਗਤੀ ਦੀ ਦਾਤ ਮਿਲੇ ਤਾਂ ਮੇਰਾ ਇਹ) ਸਰੀਰ ਸਫਲ ਹੋ ਸਕਦਾ ਹੈ।
4567	112	ਅਨ ਦਿਨੁ ਸਾਰਿ ਸਮਾਲਿ ਹਰਿ ਰਾਖਹਿ ਗੁਰਮੁਖਿ ਸਹਜਿ ਸਮਾਵਣਿਆ॥੭॥		Anadhin Saar Samaal Har Raakhehi Guramukh Sehaj Samaavaniaa ||7||	Night and day, the Lord takes care of us and protects us. The Gurmukhs are absorbed in intuitive peace and poise. ||7||	ਹੇ ਹਰੀ! ਤੂੰ ਆਪ ਹੀ ਹਰ ਵੇਲੇ ਜੀਵਾਂ ਦੀ ਸੰਭਾਲ ਕਰ ਕੇ (ਵਿਕਾਰਾਂ ਵਲੋਂ) ਰਾਖੀ ਕਰਦਾ ਹੈਂ। (ਤੇਰੀ ਮਿਹਰ ਨਾਲ) ਜੇਹੜੇ ਬੰਦੇ ਗੁਰੂ ਦੀ ਸਰਨ ਪੈਂਦੇ ਹਨ, ਉਹ ਆਤਮਕ ਅਡੋਲਤਾ ਵਿਚ ਲੀਨ ਰਹਿੰਦੇ ਹਨ ॥੭॥
4568	112	ਤੁਧੁ ਜੇਵਡੁ ਮੈ ਹੋਰੁ ਨ ਕੋਈ॥		Thudhh Jaevadd Mai Hor N Koee ||	For me, there is no other as Great as You.	ਹੇ ਪ੍ਰਭੂ! ਤੇਰੇ ਬਰਾਬਰ ਦਾ ਮੈਨੂੰ ਕੋਈ ਹੋਰ ਨਹੀਂ ਦਿੱਸਦਾ।
4569	112	ਤੁਧੁ ਆਪੇ ਸਿਰਜੀ ਆਪੇ ਗੋਈ॥	(ਸਿਰਜੀ) ਰਚੀ। (ਗੋਈ) ਸਮਾ ਲਈ	Thudhh Aapae Sirajee Aapae Goee ||	You Yourself create, and You Yourself destroy.	ਤੂੰ ਆਪ ਹੀ ਰਚਨਾ ਰਚੀ ਹੈ, ਤੂੰ ਆਪ ਹੀ ਇਸ ਨੂੰ ਨਾਸ ਕਰਦਾ ਹੈਂ।

4570	113	ਤੂੰ ਆਪੇ ਹੀ ਘੜਿ ਭੰਨਿ ਸਵਾਰਹਿ ਨਾਨਕ ਨਾਮਿ ਸੁਹਾਵਣਿਆ॥੮॥੫॥੬॥		Thoon Aapae Hee Gharr Bhann Savaarehi Naanak Naam Suhaavaniaa ||8||5||6||	You Yourself create, destroy and adorn. O Nanak, we are adorned and embellished with the Naam. ||8||5||6||	ਹੇ ਨਾਨਕ! (ਆਖ-ਹੇ ਪ੍ਰਭੂ!) ਤੂੰ ਆਪ ਹੀ ਘੜ ਕੇ ਭੰਨ ਕੇ ਸੰਵਾਰਦਾ ਹੈਂ, ਤੂੰ ਆਪ ਹੀ ਆਪਣੇ ਨਾਮ ਦੀ ਬਰਕਤਿ ਨਾਲ (ਜੀਵਾਂ ਦੇ ਜੀਵਨ) ਸੋਹਣੇ ਬਣਾਂਦਾ ਹੈਂ ॥੮॥੫॥੬॥
4571	113	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
4572	113	ਸਭ ਘਟ ਆਪੇ ਭੋਗਣਹਾਰਾ॥		Sabh Ghatt Aapae Bhoganehaaraa ||	He is the Enjoyer of all hearts.	(ਹੇ ਭਾਈ!) ਸਾਰੇ ਸਰੀਰਾਂ ਵਿਚ (ਵਿਆਪਕ ਹੋ ਕੇ ਪ੍ਰਭੂ) ਆਪ ਹੀ (ਜਗਤ ਦੇ ਸਾਰੇ ਪਦਾਰਥ) ਭੋਗ ਰਿਹਾ ਹੈ।
4573	113	ਅਲਖੁ ਵਰਤੈ ਅਗਮ ਅਪਾਰਾ॥	ਅ-ਲਖੁ: ਪੋਲਾ ਬੋਲੋ	Alakh Varathai Agam Apaaraa ||	The Invisible, Inaccessible and Infinite is pervading everywhere.	(ਫਿਰ ਭੀ ਉਹ) ਅਦ੍ਰਿਸ਼ਟ ਰੂਪ ਵਿਚ ਮੌਜੂਦ ਹੈ ਅਪਹੁੰਚ ਹੈ ਤੇ ਬੇਅੰਤ ਹੈ।
4574	113	ਗੁਰ ਕੈ ਸਬਦਿ ਮੇਰਾ ਹਰਿ ਪ੍ਰਭੁ ਧਿਆਈਐ ਸਹਜੇ ਸਚਿ ਸਮਾਵਣਿਆ॥੧॥		Gur Kai Sabadh Maeraa Har Prabh Dhhiaaeeai Sehajae Sach Samaavaniaa ||1||	Meditating on my Lord God, through the Word of the Guru's Shabad, I am intuitively absorbed in the Truth. ||1||	ਉਸ ਪਿਆਰੇ ਹਰਿ-ਪ੍ਰਭੂ ਨੂੰ ਗੁਰੂ ਦੇ ਸ਼ਬਦ ਵਿਚ ਜੁੜ ਕੇ ਸਿਮਰਨਾ ਚਾਹੀਦਾ ਹੈ। (ਜੇਹੜੇ ਮਨੁੱਖ ਸਿਮਰਦੇ ਹਨ ਉਹ) ਆਤਮਕ ਅਡੋਲਤਾ ਵਿਚ ਸਦਾ-ਥਿਰ ਪ੍ਰਭੂ ਵਿਚ ਸਮਾਏ ਰਹਿੰਦੇ ਹਨ ॥੧॥

4575	113	ਹਉ ਵਾਰੀ ਜੀਉ ਵਾਰੀ ਗੁਰ ਸਬਦੁ ਮੰਨਿ ਵਸਾਵਣਿਆ॥		Ho Vaaree Jeeo Vaaree Gur Sabadh Mann Vasaavaniaa ||	I am a sacrifice, my soul is a sacrifice, to those who implant the Word of the Guru's Shabad in their minds.	(ਹੇ ਭਾਈ!) ਮੈਂ ਸਦਾ ਉਸ ਮਨੁੱਖ ਤੋਂ ਸਦਕੇ ਕੁਰਬਾਨ ਜਾਂਦਾ ਹਾਂ ਜੇਹੜਾ ਸਤਿਗੁਰੂ ਦੇ ਸ਼ਬਦ ਨੂੰ (ਆਪਣੇ) ਮਨ ਵਿਚ ਵਸਾਂਦਾ ਹੈ।
4576	113	ਸਬਦੁ ਸੂਝੈ ਤਾ ਮਨ ਸਿਉ ਲੂਝੈ ਮਨਸਾ ਮਾਰਿ ਸਮਾਵਣਿਆ॥੧॥ਰਹਾਉ॥	(ਲੂਝੈ) ਝਗੜੇ	Sabadh Soojhai Thaa Man Sio Loojhai Manasaa Maar Samaavaniaa ||1|| Rehaao ||	When someone understands the Shabad, then he wrestles with his own mind; subduing his desires, he merges with the Lord. ||1||Pause||	ਜਦੋਂ ਗੁਰੂ ਦਾ ਸ਼ਬਦ ਮਨੁੱਖ ਦੇ ਅੰਤਰ-ਆਤਮੇ ਟਿਕਦਾ ਹੈ, ਤਾਂ ਉਹ ਆਪਣੇ ਮਨ ਨਾਲ ਟਾਕਰਾ ਕਰਦਾ ਹੈ, ਤੇ ਮਨ ਦੀਆਂ ਕਾਮਨਾ ਮਾਰ ਕੇ (ਪ੍ਰਭੂ-ਚਰਨਾਂ ਵਿਚ) ਲੀਨ ਰਹਿੰਦਾ ਹੈ ॥੧॥ ਰਹਾਉ ॥
4577	113	ਪੰਚ ਦੂਤ ਮੁਹਹਿ ਸੰਸਾਰਾ॥	ਮੁਹਹਿ	Panch Dhooth Muhehi Sansaaraa ||	The five enemies are plundering the world.	(ਹੇ ਭਾਈ! ਕਾਮਾਦਿਕ) ਪੰਜ ਵੈਰੀ ਜਗਤ (ਦੇ ਆਤਮਕ ਜੀਵਨ) ਨੂੰ ਲੁੱਟ ਰਹੇ ਹਨ,
4578	113	ਮਨਮੁਖ ਅੰਧੇ ਸੁਧਿ ਨ ਸਾਰਾ॥	ਸੁੱਧਿ	Manamukh Andhhae Sudhh N Saaraa ||	The blind, self-willed manmukhs do not understand or appreciate this.	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਤੇ ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਮਨੁੱਖ ਨੂੰ ਨਾਹ ਅਕਲ ਹੈ ਨਾਹ (ਇਸ ਲੁੱਟ ਦੀ) ਖ਼ਬਰ ਹੈ।
4579	113	ਗੁਰਮੁਖਿ ਹੋਵੈ ਸੁ ਅਪਣਾ ਘਰੁ ਰਾਖੈ ਪੰਚ ਦੂਤ ਸਬਦਿ ਪਚਾਵਣਿਆ॥੨॥		Guramukh Hovai S Apanaa Ghar Raakhai Panch Dhooth Sabadh Pachaavaniaa ||2||	Those who become Gurmukh-their houses are protected. The five enemies are destroyed by the Shabad. ||2||	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਆਪਣਾ ਘਰ ਬਚਾ ਲੈਂਦਾ ਹੈ, ਉਹ ਗੁਰੂ ਦੇ ਸ਼ਬਦ ਵਿਚ ਟਿਕ ਕੇ ਇਹਨਾਂ ਪੰਜਾਂ ਵੈਰੀਆਂ ਦਾ ਨਾਸ ਕਰ ਲੈਂਦਾ ਹੈ ॥੨॥

4580	113	ਇਕਿ ਗੁਰਮੁਖਿ ਸਦਾ ਸਚੈ ਰੰਗਿ ਰਾਤੇ॥		Eik Guramukh Sadhaa Sachai Rang Raathae ||	The Gurmukhs are forever imbued with love for the True One.	ਜੇਹੜੇ ਮਨੁੱਖ ਗੁਰੂ ਦੇ ਸਨਮੁਖ ਹੁੰਦੇ ਹਨ, ਉਹ ਸਦਾ ਸਦਾ-ਥਿਰ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ,
4581	113	ਸਹਜੇ ਪ੍ਰਭੁ ਸੇਵਹਿ ਅਨ ਦਿਨੁ ਮਾਤੇ॥		Sehajae Prabh Saevehi Anadhin Maathae ||	They serve God with intuitive ease. Night and day, they are intoxicated with His Love.	ਉਹ ਆਤਮਕ ਅਡੋਲਤਾ ਵਿਚ ਮਸਤ ਹਰ ਵੇਲੇ ਪ੍ਰਭੂ ਦਾ ਸਿਮਰਨ ਕਰਦੇ ਹਨ।
4582	113	ਮਿਲਿ ਪ੍ਰੀਤਮ ਸਚੇ ਗੁਣ ਗਾਵਹਿ ਹਰਿ ਦਰਿ ਸੋਭਾ ਪਾਵਨਿਆ॥੩॥		Mil Preetham Sachae Gun Gaavehi Har Dhar Sobhaa Paavaniaa ||3||	Meeting with their Beloved, they sing the Glorious Praises of the True one; they are honored in the Court of the Lord. ||3||	ਉਹ ਪ੍ਰੀਤਮ-ਪ੍ਰਭੂ ਨੂੰ ਮਿਲ ਕੇ ਉਸ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦੇ ਹਨ ਤੇ ਪ੍ਰਭੂ ਦੇ ਦਰ ਤੇ ਇੱਜ਼ਤ ਹਾਸਲ ਕਰਦੇ ਹਨ ॥੩॥
4583	113	ਏਕਮ ਏਕੈ ਆਪੁ ਉਪਾਇਆ॥		Eaekam Eaekai Aap Oupaaeiaa ||	First, the One created Himself;	ਪਹਿਲਾਂ ਪ੍ਰਭੂ ਇਕੱਲਾ ਆਪ (ਨਿਰਗੁਣ-ਸਰੂਪ) ਸੀ ਉਸ ਨੇ ਆਪਣੇ ਆਪ ਨੂੰ ਪਰਗਟ ਕੀਤਾ।
4584	113	ਦੁਬਿਧਾ ਦੂਜਾ ਤ੍ਰਿਬਿਧਿ ਮਾਇਆ॥	(ਤ੍ਰਿਬਿਧਿ) ਤਿੰਨ ਗੁਣਾਂ ਵਾਲੀ	Dhubidhhaa Dhoojaa Thribidhh Maaeiaa ||	Second, the sense of duality; third, the three-phased Maya.	ਇਸ ਤਰ੍ਹਾਂ ਫਿਰ ਉਹ ਦੋ ਕਿਸਮਾਂ ਵਾਲਾ (ਨਿਰਗੁਣ ਤੇ ਸਰਗੁਣ ਰੂਪਾਂ ਵਾਲਾ) ਬਣ ਗਿਆ ਤੇ ਉਸ ਨੇ ਤਿੰਨ ਗੁਣਾਂ ਵਾਲੀ ਮਾਇਆ ਰਚ ਦਿੱਤੀ।

4585	113	ਚਉਥੀ ਪਉੜੀ ਗੁਰਮੁਖਿ ਊਚੀ ਸਚੋ ਸਚੁ ਕਮਾਵਣਿਆ॥੪॥		Chouthhee Pourree Guramukh Oochee Sacho Sach Kamaavaniaa ||4||	The fourth state, the highest, is obtained by the Gurmukh, who practices Truth, and only Truth. ||4||	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਸ ਦਾ ਆਤਮਕ ਟਿਕਾਣਾ ਮਾਇਆ ਦੇ ਤਿੰਨ ਗੁਣਾਂ (ਦੇ ਪ੍ਰਭਾਵ) ਤੋਂ ਉਤਾਂਹ ਉੱਚਾ ਰਹਿੰਦਾ ਹੈ। ਉਹ ਸਦਾ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ ਦੀ ਕਮਾਈ ਕਰਦਾ ਰਹਿੰਦਾ ਹੈ ॥੪॥
4586	113	ਸਭੁ ਹੈ ਸਚਾ ਜੇ ਸਚੇ ਭਾਵੈ॥		Sabh Hai Sachaa Jae Sachae Bhaavai ||	Everything which is pleasing to the True Lord is true.	ਜੇ ਸਦਾ-ਥਿਰ ਪ੍ਰਭੂ ਦੀ ਰਜ਼ਾ ਹੋਵੇ (ਤਾਂ ਜਿਸ ਮਨੁੱਖ ਉਤੇ ਉਹ ਮਿਹਰ ਕਰਦਾ ਹੈ, ਉਸ ਨੂੰ ਇਹ ਨਿਸਚਾ ਹੋ ਜਾਂਦਾ ਹੈ ਕਿ) ਸਦਾ-ਥਿਰ ਪਰਮਾਤਮਾ ਹਰ ਥਾਂ ਮੌਜੂਦ ਹੈ।
4587	113	ਜਿਨਿ ਸਚੁ ਜਾਤਾ ਸੋ ਸਹਜਿ ਸਮਾਵੈ॥	(ਜਾਤਾ) ਜਾਣਿਆ	Jin Sach Jaathaa So Sehaj Samaavai ||	Those who know the Truth merge in intuitive peace and poise.	(ਪ੍ਰਭੂ ਦੀ ਮਿਹਰ ਨਾਲ) ਜਿਸ ਮਨੁੱਖ ਨੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ, ਉਹ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ।
4588	113	ਗੁਰਮੁਖਿ ਕਰਣੀ ਸਚੇ ਸੇਵਹਿ ਸਾਚੇ ਜਾਇ ਸਮਾਵਣਿਆ॥੫॥		Guramukh Karanee Sachae Saevehi Saachae Jaae Samaavaniaa ||5||	The life-style of the Gurmukh is to serve the True Lord. He goes and blends with the True Lord. ||5||	(ਹੇ ਭਾਈ!) ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਦਾ ਕਰਤੱਵ ਹੀ ਇਹ ਹੈ, ਕਿ ਉਹ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰਦੇ ਰਹਿੰਦੇ ਹਨ, ਤੇ ਸਦਾ-ਥਿਰ ਪ੍ਰਭੂ ਵਿਚ ਹੀ ਜਾ ਕੇ ਲੀਨ ਹੋ ਜਾਂਦੇ ਹਨ ॥੫॥

4589	113	ਸਚੇ ਬਾਝਹੁ ਕੋ ਅਵਰੁ ਨ ਦੂਆ॥		Sachae Baajhahu Ko Avar N Dhooaa ||	Without the True One, there is no other at all.	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਤੋਂ ਬਿਨਾ ਕੋਈ ਹੋਰ ਦੂਜਾ (ਆਤਮਕ ਆਨੰਦ ਦੇਣ ਵਾਲਾ ਨਹੀਂ ਹੈ)।
4590	113	ਦੂਜੈ ਲਾਗਿ ਜਗੁ ਖਪਿ ਖਪਿ ਮੂਆ॥		Dhoojai Laag Jag Khap Khap Mooaa ||	Attached to duality, the world is distracted and distressed to death.	ਜਗਤ (ਉਸ ਨੂੰ ਵਿਸਾਰ ਕੇ ਤੇ ਸੁਖ ਦੀ ਖ਼ਾਤਰ) ਮਾਇਆ ਦੇ ਮੋਹ ਵਿਚ ਫਸ ਕੇ ਦੁਖੀ ਹੋ ਕੇ ਆਤਮਕ ਮੌਤ ਸਹੇੜਦਾ ਹੈ।
4591	113	ਗੁਰਮੁਖਿ ਹੋਵੈ ਸੁ ਏਕੋ ਜਾਣੈ ਏਕੋ ਸੇਵਿ ਸੁਖੁ ਪਾਵਣਿਆ॥੬॥		Guramukh Hovai S Eaeko Jaanai Eaeko Saev Sukh Paavaniaa ||6||	One who becomes Gurmukh knows only the One. Serving the One, peace is obtained. ||6||	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ, ਉਹ ਇਕ ਪਰਮਾਤਮਾ ਨਾਲ ਹੀ ਡੂੰਘੀ ਸਾਂਝ ਪਾਂਦਾ ਹੈ, ਉਹ ਇਕ ਪਰਮਾਤਮਾ ਦਾ ਹੀ ਸਿਮਰਨ ਕਰ ਕੇ ਆਤਮਕ ਆਨੰਦ ਮਾਣਦਾ ਹੈ ॥੬॥
4592	113	ਜੀਅ ਜੰਤ ਸਭਿ ਸਰਣਿ ਤੁਮਾਰੀ॥		Jeea Janth Sabh Saran Thumaaree ||	All beings and creatures are in the Protection of Your Sanctuary.	(ਹੇ ਪ੍ਰਭੂ! ਜਗਤ ਦੇ) ਸਾਰੇ ਜੀਵ ਤੇਰਾ ਹੀ ਆਸਰਾ ਤੱਕ ਸਕਦੇ ਹਨ।
4593	113	ਆਪੇ ਧਰਿ ਦੇਖਹਿ ਕਚੀ ਪਕੀ ਸਾਰੀ॥	(ਧਰਿ) ਬਣਾ ਕੇ	Aapae Dhhar Dhaekhehi Kachee Pakee Saaree ||	You place the chessmen on the board; You see the imperfect and the perfect as well.	(ਹੇ ਪ੍ਰਭੂ! ਇਹ ਤੇਰਾ ਰਚਿਆ ਜਗਤ, ਮਾਨੋ, ਚਉਪੜ ਦੀ ਖੇਡ ਹੈ), ਤੂੰ ਆਪ ਹੀ (ਇਸ ਚਉਪੜ ਉੱਤੇ) ਕੱਚੀਆਂ ਪੱਕੀਆਂ ਨਰਦਾਂ (ਭਾਵ, ਉੱਚੇ ਤੇ ਕੱਚੇ ਜੀਵਨ ਵਾਲੇ ਜੀਵ) ਰਚ ਕੇ ਇਹਨਾਂ ਦੀ ਸੰਭਾਲ ਕਰਦਾ ਹੈਂ।

4594	113	ਅਨ ਦਿਨੁ ਆਪੇ ਕਾਰ ਕਰਾਏ ਆਪੇ ਮੇਲਿ ਮਿਲਾਵਣਿਆ॥੭॥		Anadhin Aapae Kaar Karaaeae Aapae Mael Milaavaniaa ||7||	Night and day, You cause people to act; You unite them in Union with Yourself. ||7||	(ਹੇ ਭਾਈ!) ਹਰ ਰੋਜ਼ (ਹਰ ਵੇਲੇ) ਪ੍ਰਭੂ ਆਪ ਹੀ (ਜੀਵਾਂ ਵਿਚ ਵਿਆਪਕ ਹੋ ਕੇ ਜੀਵਾਂ ਪਾਸੋਂ) ਕਾਰ ਕਰਾਂਦਾ ਹੈ, ਤੇ ਆਪ ਹੀ ਆਪਣੇ ਚਰਨਾਂ ਵਿਚ ਮਿਲਾਂਦਾ ਹੈ ॥੭॥
4595	113	ਤੂੰ ਆਪੇ ਮੇਲਹਿ ਵੇਖਹਿ ਹਦੂਰਿ॥		Thoon Aapae Maelehi Vaekhehi Hadhoor ||	You Yourself unite, and You see Yourself close at hand.	(ਹੇ ਭਾਈ!) ਤੂੰ ਆਪ ਹੀ ਜੀਵਾਂ ਦੇ ਅੰਗ-ਸੰਗ ਹੋ ਕੇ ਸਭ ਦੀ ਸੰਭਾਲ ਕਰਦਾ ਹੈਂ ਤੇ ਆਪਣੇ ਚਰਨਾਂ ਵਿਚ ਜੋੜਦਾ ਹੈਂ।
4596	113	ਸਭ ਮਹਿ ਆਪਿ ਰਹਿਆ ਭਰਪੂਰਿ॥		Sabh Mehi Aap Rehiaa Bharapoor ||	You Yourself are totally pervading amongst all.	(ਹੇ ਭਾਈ!) ਸਭ ਜੀਵਾਂ ਵਿਚ ਪ੍ਰਭੂ ਆਪ ਹੀ ਹਾਜ਼ਰ-ਨਾਜ਼ਰ ਮੌਜੂਦ ਹੈ।
4597	113	ਨਾਨਕ ਆਪੇ ਆਪਿ ਵਰਤੈ ਗੁਰਮੁਖਿ ਸੋਝੀ ਪਾਵਣਿਆ॥੮॥੬॥ ੭॥		Naanak Aapae Aap Varathai Guramukh Sojhee Paavaniaa ||8||6||7||	O Nanak, God Himself is pervading and permeating everywhere; only the Gurmukhs understand this. ||8||6||7||	ਹੇ ਨਾਨਕ! ਸਭ ਥਾਈਂ ਪ੍ਰਭੂ ਆਪ ਹੀ ਵਰਤ ਰਿਹਾ ਹੈ। ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦਿਆਂ ਨੂੰ ਇਹ ਸਮਝ ਆ ਜਾਂਦੀ ਹੈ ॥੮॥੬॥੭॥
4598	113	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
4599	113	ਅੰਮ੍ਰਿਤ ਬਾਣੀ ਗੁਰ ਕੀ ਮੀਠੀ॥		Anmrith Baanee Gur Kee Meethee ||	The Nectar of the Guru's Bani is very sweet.	ਸਤਿਗੁਰੂ ਦੀ ਬਾਣੀ ਆਤਮਕ ਜੀਵਨ ਦੇਣ ਵਾਲੀ ਹੈ ਤੇ ਜੀਵਨ ਵਿਚ ਮਿਠਾਸ ਭਰਨ ਵਾਲੀ ਹੈ,
4600	113	ਗੁਰਮੁਖਿ ਵਿਰਲੈ ਕਿਨੈ ਚਖਿ ਡੀਠੀ॥		Guramukh Viralai Kinai Chakh Ddeethee ||	Rare are the Gurmukhs who see and taste it.	ਪਰ ਕਿਸੇ ਵਿਰਲੇ ਗੁਰਮੁਖਿ ਨੇ ਇਸ ਬਾਣੀ ਦਾ ਰਸ ਲੈ ਕੇ ਇਹ ਤਬਦੀਲੀ ਵੇਖੀ ਹੈ।

4601	113	ਅੰਤਰਿ ਪਰਗਾਸੁ ਮਹਾ ਰਸੁ ਪੀਵੈ ਦਰਿ ਸਚੈ ਸਬਦੁ ਵਜਾਵਣਿਆ॥੧॥		Anthar Paragaas Mehaa Ras Peevai Dhar Sachai Sabadh Vajaavaniaa ||1||	The Divine Light dawns within, and the supreme essence is found. In the True Court, the Word of the Shabad vibrates. ||1||	ਜੇਹੜਾ ਮਨੁੱਖ ਗੁਰੂ ਦੀ ਬਾਣੀ ਦਾ ਸ੍ਰੇਸ਼ਟ ਰਸ ਲੈਂਦਾ ਹੈ, ਉਸ ਦੇ ਅੰਦਰ ਸਹੀ ਜੀਵਨ ਦੀ ਸੂਝ ਪੈਦਾ ਹੋ ਜਾਂਦੀ ਹੈ, ਉਹ ਸਦਾ-ਥਿਰ ਪ੍ਰਭੂ ਦੇ ਦਰ ਤੇ ਟਿਕਿਆ ਰਹਿੰਦਾ ਹੈ, ਉਸ ਦੇ ਅੰਦਰ ਗੁਰੂ ਦਾ ਸ਼ਬਦ ਆਪਣਾ ਪੂਰਾ ਪ੍ਰਭਾਵ ਪਾਈ ਰੱਖਦਾ ਹੈ ॥੧॥
4602	113	ਹਉ ਵਾਰੀ ਜੀਉ ਵਾਰੀ ਗੁਰ ਚਰਣੀ ਚਿਤੁ ਲਾਵਣਿਆ॥		Ho Vaaree Jeeo Vaaree Gur Charanee Chith Laavaniaa ||	I am a sacrifice, my soul is a sacrifice, to those who focus their consciousness on the Guru's Feet.	ਮੈਂ ਸਦਾ ਉਸ ਮਨੁੱਖ ਤੋਂ ਸਦਕੇ ਕੁਰਬਾਨ ਜਾਂਦਾ ਹਾਂ, ਜੇਹੜੇ ਗੁਰੂ ਦੇ ਚਰਨਾਂ ਵਿਚ ਆਪਣਾ ਚਿੱਤ ਜੋੜੀ ਰੱਖਦਾ ਹੈ।
4603	113	ਸਤਿਗੁਰੁ ਹੈ ਅੰਮ੍ਰਿਤ ਸਰੁ ਸਾਚਾ ਮਨੁ ਨਾਵੈ ਮੈਲੁ ਚੁਕਾਵਣਿਆ॥੧॥ਰਹਾਉ॥	ਨ੍ਹਾਵੈ	Sathigur Hai Anmrith Sar Saachaa Man Naavai Mail Chukaavaniaa ||1|| Rehaao ||	The True Guru is the True Pool of Nectar; bathing in it, the mind is washed clean of all filth. ||1||Pause||	ਸਤਿਗੁਰੂ ਆਤਮਕ ਜੀਵਨ ਦੇਣ ਵਾਲੇ ਜਲ ਦਾ ਕੁੰਡ ਹੈ, ਉਹ ਕੁੰਡ ਸਦਾ ਕਾਇਮ ਰਹਿਣ ਵਾਲਾ (ਭੀ) ਹੈ। (ਜਿਸ ਮਨੁੱਖ ਦਾ) ਮਨ (ਉਸ ਕੁੰਡ ਵਿਚ) ਇਸ਼ਨਾਨ ਕਰਦਾ ਹੈ, (ਉਹ ਆਪਣੇ ਮਨ ਦੀ ਵਿਕਾਰਾਂ ਦੀ) ਮੈਲ ਦੂਰ ਕਰ ਲੈਂਦਾ ਹੈ ॥੧॥ ਰਹਾਉ ॥
4604	113	ਤੇਰਾ ਸਚੇ ਕਿਨੈ ਅੰਤੁ ਨ ਪਾਇਆ॥		Thaeraa Sachae Kinai Anth N Paaeiaa ||	Your limits, O True Lord, are not known to anyone.	ਹੇ ਸਦਾ-ਥਿਰ ਰਹਿਣ ਵਾਲੇ ਪ੍ਰਭੂ! ਕਿਸੇ ਜੀਵ ਨੇ ਤੇਰੇ ਗੁਣਾਂ ਦਾ ਅਖ਼ੀਰ ਨਹੀਂ ਲੱਭਾ।

4605	113	ਗੁਰ ਪਰਸਾਦਿ ਕਿਨੈ ਵਿਰਲੈ ਚਿਤੁ ਲਾਇਆ॥		Gur Parasaadh Kinai Viralai Chith Laaeiaa ||	Rare are those who, by Guru's Grace, focus their consciousness on You.	ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ (ਤੇਰੇ ਚਰਨਾਂ ਵਿਚ ਆਪਣਾ) ਚਿੱਤ ਜੋੜਿਆ ਹੈ।
4606	113	ਤੁਧੁ ਸਾਲਾਹਿ ਨ ਰਜਾ ਕਬਹੂੰ ਸਚੈ ਨਾਵੈ ਕੀ ਭੁਖ ਲਾਵਣਿਆ॥੨॥	ਰੱਜਾਂ	Thudhh Saalaahi N Rajaa Kabehoon Sachae Naavai Kee Bhukh Laavaniaa ||2||	Praising You, I am never satisfied; such is the hunger I feel for the True Name. ||2||	(ਹੇ ਪ੍ਰਭੂ! ਮਿਹਰ ਕਰ ਕਿ) ਮੈਂ ਤੇਰੀ ਸਿਫ਼ਤ-ਸਾਲਾਹ ਕਰਦਾ ਕਰਦਾ ਕਦੇ ਭੀ ਨਾਹ ਰੱਜਾਂ, ਤੇਰੇ ਸਦਾ-ਥਿਰ ਰਹਿਣ ਵਾਲੇ ਨਾਮ ਦੀ ਭੁੱਖ ਮੈਨੂੰ ਸਦਾ ਲੱਗੀ ਰਹੇ ॥੨॥
4607	113	ਏਕੋ ਵੇਖਾ ਅਵਰੁ ਨ ਬੀਆ॥		Eaeko Vaekhaa Avar N Beeaa ||	I see only the One, and no other.	(ਹੇ ਭਾਈ!) ਹੁਣ ਮੈਂ (ਹਰ ਥਾਂ) ਇਕ ਪਰਮਾਤਮਾ ਨੂੰ ਹੀ ਵੇਖਦਾ ਹਾਂ, (ਉਸ ਤੋਂ ਬਿਨਾ ਮੈਨੂੰ) ਕੋਈ ਹੋਰ ਨਹੀਂ (ਦਿੱਸਦਾ)।
4608	113	ਗੁਰ ਪਰਸਾਦੀ ਅੰਮ੍ਰਿਤੁ ਪੀਆ॥		Gur Parasaadhee Anmrith Peeaa ||	By Guru's Grace, I drink in the Ambrosial Nectar.	ਗੁਰੂ ਦੀ ਕਿਰਪਾ ਨਾਲ ਮੈਂ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਰਸ ਪੀਤਾ ਹੈ।
4609	113	ਗੁਰ ਕੈ ਸਬਦਿ ਤਿਖਾ ਨਿਵਾਰੀ ਸਹਜੇ ਸੂਖਿ ਸਮਾਵਣਿਆ॥੩॥	ਤਿਖਾ: ਪੋਲਾ ਬੋਲੋ	Gur Kai Sabadh Thikhaa Nivaaree Sehajae Sookh Samaavaniaa ||3||	My thirst is quenched by the Word of the Guru's Shabad; I am absorbed in intuitive peace and poise. ||3||	ਗੁਰੂ ਦੇ ਸ਼ਬਦ ਵਿਚ ਜੁੜ ਕੇ ਮੈਂ ਮਾਇਆ ਦੀ ਤ੍ਰਿਸ਼ਨਾ ਦੂਰ ਕਰ ਲਈ ਹੈ, ਹੁਣ ਮੈਂ ਆਤਮਕ ਅਡੋਲਤਾ ਵਿਚ ਆਤਮਕ ਆਨੰਦ ਵਿਚ ਲੀਨ ਰਹਿੰਦਾ ਹਾਂ ॥੩॥

4610	113	ਰਤਨੁ ਪਦਾਰਥੁ ਪਲਰਿ ਤਿਆਗੈ॥	(ਪੱਲਰਿ) ਪਰਾਲੀ ਤਰਾਂ ਵਿਅਰਥ	Rathan Padhaarathh Palar Thiaagai ||	The Priceless Jewel is discarded like straw;	(ਗ਼ਾਫਲ ਮਨੁੱਖ) ਪਰਮਾਤਮਾ ਦੇ ਨਾਮ-ਰਤਨ ਨੂੰ (ਦੁਨੀਆ ਦੇ ਸਭ ਪਦਾਰਥਾਂ ਨਾਲੋਂ ਸ੍ਰੇਸ਼ਟ) ਪਦਾਰਥ ਨੂੰ ਤੋਰੀਏ ਦੇ ਨਾੜ ਦੇ ਵੱਟੇ ਵਿਚ ਹੱਥੋਂ ਗਵਾਂਦਾ ਰਹਿੰਦਾ ਹੈ।
4611	113	ਮਨਮੁਖੁ ਅੰਧਾ ਦੂਜੈ ਭਾਇ ਲਾਗੈ॥		Manamukh Andhhaa Dhoojai Bhaae Laagai ||	The blind self-willed manmukhs are attached to the love of duality.	ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਪ੍ਰਭੂ ਨੂੰ ਭੁਲਾ ਕੇ) ਮਾਇਆ ਦੇ ਪਿਆਰ ਵਿਚ ਫਸਿਆ ਰਹਿੰਦਾ ਹੈ।
4612	113	ਜੋ ਬੀਜੈ ਸੋਈ ਫਲੁ ਪਾਏ ਸੁਪਨੈ ਸੁਖੁ ਨ ਪਾਵਨਿਆ॥੪॥		Jo Beejai Soee Fal Paaeae Supanai Sukh N Paavaniaa ||4||	As they plant, so do they harvest. They shall not obtain peace, even in their dreams. ||4||	ਜੇਹੜਾ (ਦੁਖਦਾਈ ਬੀਜ) ਉਹ ਮਨਮੁਖ ਬੀਜਦਾ ਹੈ, ਉਸ ਦਾ ਉਹੀ (ਦੁਖਦਾਈ) ਫਲ ਉਹ ਹਾਸਲ ਕਰਦਾ ਹੈ, ਉਹ ਕਦੇ ਸੁਪਨੇ ਵਿਚ ਭੀ ਆਤਮਕ ਆਨੰਦ ਨਹੀਂ ਪਾਂਦਾ ॥੪॥
4613	113	ਅਪਨੀ ਕਿਰਪਾ ਕਰੇ ਸੋਈ ਜਨੁ ਪਾਏ॥		Apanee Kirapaa Karae Soee Jan Paaeae ||	Those who are blessed with His Mercy find the Lord.	ਜਿਸ ਮਨੁੱਖ ਉੱਤੇ ਪਰਮਾਤਮਾ ਆਪਣੀ ਕਿਰਪਾ ਕਰਦਾ ਹੈ ਉਹੀ ਮਨੁੱਖ (ਆਤਮਕ ਆਨੰਦ) ਪ੍ਰਾਪਤ ਕਰਦਾ ਹੈ,
4614	113	ਗੁਰ ਕਾ ਸਬਦੁ ਮੰਨਿ ਵਸਾਏ॥		Gur Kaa Sabadh Mann Vasaaeae ||	The Word of the Guru's Shabad abides in the mind.	(ਕਿਉਂਕਿ ਉਹ) ਗੁਰੂ ਦਾ ਸ਼ਬਦ ਆਪਣੇ ਮਨ ਵਿਚ ਵਸਾਈ ਰੱਖਦਾ ਹੈ।

4615	114	ਅਨ ਦਿਨੁ ਸਦਾ ਰਹੈ ਭੈ ਅੰਦਰਿ ਭੈ ਮਾਰਿ ਭਰਮੁ ਚੁਕਾਵਣਿਆ॥੫॥		Anadhin Sadhaa Rehai Bhai Andhar Bhai Maar Bharam Chukaavaniaa ||5||	Night and day, they remain in the Fear of God; conquering their fears, their doubts are dispelled. ||5||	ਉਹ ਮਨੁੱਖ ਹਰ ਰੋਜ਼ ਹਰ ਵੇਲੇ ਪਰਮਾਤਮਾ ਦੇ ਡਰ-ਅਦਬ ਵਿਚ ਟਿਕਿਆ ਰਹਿੰਦਾ ਹੈ, ਤੇ ਉਸ ਡਰ-ਅਦਬ ਦੀ ਬਰਕਤਿ ਨਾਲ ਆਪਣੇ ਮਨ ਨੂੰ ਮਾਰ ਕੇ (ਵਿਕਾਰਾਂ ਵਲੋਂ ਮਾਰ ਕੇ ਵਿਕਾਰਾਂ ਵਲ ਦੀ) ਦੌੜ-ਭੱਜ ਦੂਰ ਕਰੀ ਰੱਖਦਾ ਹੈ ॥੫॥
4616	114	ਭਰਮੁ ਚੁਕਾਇਆ ਸਦਾ ਸੁਖੁ ਪਾਇਆ॥		Bharam Chukaaeiaa Sadhaa Sukh Paaeiaa ||	Dispelling their doubts, they find a lasting peace.	ਜਿਸ ਮਨੁੱਖ ਨੇ (ਆਪਣੇ ਮਨ ਦੀ ਵਿਕਾਰਾਂ ਵਲ ਦੀ) ਦੌੜ-ਭੱਜ ਮੁਕਾ ਲਈ, ਉਸ ਨੇ ਸਦਾ ਆਤਮਕ ਆਨੰਦ ਮਾਣਿਆ।
4617	114	ਗੁਰ ਪਰਸਾਦਿ ਪਰਮਪਦੁ ਪਾਇਆ॥		Gur Parasaadh Param Padh Paaeiaa ||	By Guru's Grace, the supreme status is attained.	ਗੁਰੂ ਦੀ ਕਿਰਪਾ ਨਾਲ ਉਸ ਨੇ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲਈ।
4618	114	ਅੰਤਰੁ ਨਿਰਮਲੁ ਨਿਰਮਲ ਬਾਣੀ ਹਰਿ ਗੁਣ ਸਹਜੇ ਗਾਵਣਿਆ॥੬॥		Anthar Niramal Niramal Baanee Har Gun Sehajae Gaavaniaa ||6||	Deep within, they are pure, and their words are pure as well; intuitively, they sing the Glorious Praises of the Lord. ||6||	ਜੀਵਨ ਨੂੰ ਪਵਿੱਤ੍ਰ ਕਰਨ ਵਾਲੀ ਗੁਰਬਾਣੀ ਦੀ ਸਹਾਇਤਾ ਨਾਲ ਉਸ ਦਾ ਮਨ ਪਵਿੱਤ੍ਰ ਹੋ ਗਿਆ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੬॥

4619	114	ਸਿਮ੍ਰਿਤਿ ਸਾਸਤ ਬੇਦ ਵਖਾਣੈ॥	ਸਿਮ-ਿ੍ਰਤਿ: ਮ ਮੁਕਤਾ ਬੋਲੋ, ਅੱਧੇ ਰਾਰੇ ਨੂੰ ਸਿਹਾਰੀ ਲਾ ਕੇ ਅੱਧਾ ਰਾਰਾ ਪੋਲਾ ਬੋਲੋ, ਸਿਹਾਰੀ ਤੱਤੇ ਨੂੰ ਭੀ ਲਾਉ	Simrith Saasath Baedh Vakhaanai ||	They recite the Simritees, the Shaastras and the Vedas,	(ਪੰਡਿਤ) ਵੇਦ ਸ਼ਾਸਤ੍ਰ ਸਿਮ੍ਰਿਤੀਆਂ (ਆਦਿਕ ਧਰਮ-ਪੁਸਤਕ) ਹੋਰਨਾਂ ਨੂੰ ਪੜ੍ਹ ਪੜ੍ਹ ਕੇ ਸੁਣਾਂਦਾ ਰਹਿੰਦਾ ਹੈ,
4620	114	ਭਰਮੇ ਭੂਲਾ ਤਤੁ ਨ ਜਾਣੈ॥		Bharamae Bhoolaa Thath N Jaanai ||	But deluded by doubt, they do not understand the essence of reality.	ਪਰ ਆਪ ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ। ਉਹ ਅਸਲੀਅਤ ਨੂੰ ਨਹੀਂ ਸਮਝਦਾ।
4621	114	ਬਿਨੁ ਸਤਿਗੁਰ ਸੇਵੇ ਸੁਖੁ ਨ ਪਾਏ ਦੁਖੋ ਦੁਖੁ ਕਮਾਵਣਿਆ॥੭॥		Bin Sathigur Saevae Sukh N Paaeae Dhukho Dhukh Kamaavaniaa ||7||	Without serving the True Guru, they find no peace; they earn only pain and misery. ||7||	ਗੁਰੂ ਦੀ ਦੱਸੀ ਸੇਵਾ ਕਰਨ ਤੋਂ ਬਿਨਾ ਉਹ ਆਤਮਕ ਆਨੰਦ ਨਹੀਂ ਮਾਣ ਸਕਦਾ, ਦੁੱਖ ਹੀ ਦੁੱਖ (ਪੈਦਾ ਕਰਨ ਵਾਲੀ) ਕਮਾਈ ਕਰਦਾ ਰਹਿੰਦਾ ਹੈ ॥੭॥
4622	114	ਆਪਿ ਕਰੇ ਕਿਸੁ ਆਖੈ ਕੋਈ॥		Aap Karae Kis Aakhai Koee ||	The Lord Himself acts; unto whom should we complain?	(ਪਰ ਇਹ ਸਾਰੀ ਖੇਡ ਪਰਮਾਤਮਾ ਦੇ ਆਪਣੇ ਹੱਥ ਵਿਚ ਹੈ। ਸਭ ਜੀਵਾਂ ਵਿਚ ਵਿਆਪਕ ਹੋ ਕੇ ਪਰਮਾਤਮਾ) ਆਪ ਹੀ (ਸਭ ਕੁਝ) ਕਰਦਾ ਹੈ। ਕਿਸ ਨੂੰ ਕੋਈ ਆਖ ਸਕਦਾ ਹੈ (ਕਿ ਤੂੰ ਕੁਰਾਹੇ ਜਾ ਰਿਹਾ ਹੈਂ)?
4623	114	ਆਖਣਿ ਜਾਈਐ ਜੇ ਭੂਲਾ ਹੋਈ॥		Aakhan Jaaeeai Jae Bhoolaa Hoee ||	How can anyone complain that the Lord has made a mistake?	ਕਿਸੇ ਨੂੰ ਸਮਝਾਣ ਦੀ ਲੋੜ ਤਦੋਂ ਹੀ ਪੈ ਸਕਦੀ ਹੈ, ਜੇ ਉਹ (ਆਪ) ਕੁਰਾਹੇ ਪਿਆ ਹੋਇਆ ਹੋਵੇ।

4624	114	ਨਾਨਕ ਆਪੇ ਕਰੇ ਕਰਾਏ ਨਾਮੇ ਨਾਮਿ ਸਮਾਵਣਿਆ॥੮॥੭॥੮॥		Naanak Aapae Karae Karaaeae Naamae Naam Samaavaniaa ||8||7||8||	O Nanak, the Lord Himself does, and causes things to be done; chanting the Naam, we are absorbed in the Naam. ||8||7||8||	ਹੇ ਨਾਨਕ! ਪਰਮਾਤਮਾ ਆਪ ਹੀ (ਸਭ ਜੀਵਾਂ ਵਿਚ ਵਿਆਪਕ ਹੋ ਕੇ ਸਭ ਕੁਝ) ਕਰ ਰਿਹਾ ਹੈ ਤੇ (ਜੀਵਾਂ ਪਾਸੋਂ) ਕਰਾ ਰਿਹਾ ਹੈ, ਉਹ ਆਪ ਹੀ (ਸਰਬ-ਵਿਆਪਕ ਹੋ ਕੇ ਆਪਣੇ) ਨਾਮ ਵਿਚ ਹੀ ਲੀਨ ਹੋ ਸਕਦਾ ਹੈ ॥੮॥੭॥੮॥
4625	114	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
4626	114	ਆਪੇ ਰੰਗੇ ਸਹਜਿ ਸੁਭਾਏ॥		Aapae Rangae Sehaj Subhaaeae ||	He Himself imbues us with His Love, with effortless ease.	ਪ੍ਰਭੂ ਆਪ ਹੀ (ਜਿਨ੍ਹਾਂ ਮਨੁੱਖਾਂ ਨੂੰ) ਆਤਮਕ ਅਡੋਲਤਾ ਦੇ (ਰੰਗ) ਵਿਚ ਰੰਗਦਾ ਹੈ,
4627	114	ਗੁਰ ਕੈ ਸਬਦਿ ਹਰਿ ਰੰਗੁ ਚੜਾਏ॥	ਚੜ੍ਹਾਏ	Gur Kai Sabadh Har Rang Charraaeae ||	Through the Word of the Guru's Shabad, we are dyed in the color of the Lord's Love.	ਸ੍ਰੇਸ਼ਟ ਪਿਆਰ (ਦੇ ਰੰਗ) ਵਿਚ ਰੰਗਦਾ ਹੈ, ਜਿਨ੍ਹਾਂ ਨੂੰ ਗੁਰੂ ਦੇ ਸ਼ਬਦ ਵਿਚ (ਜੋੜ ਕੇ ਇਹ) ਰੰਗ ਚਾੜ੍ਹਦਾ ਹੈ,
4628	114	ਮਨੁ ਤਨੁ ਰਤਾ ਰਸਨਾ ਰੰਗਿ ਚਲੂਲੀ ਭੈ ਭਾਇ ਰੰਗੁ ਚੜਾਵਣਿਆ॥੧॥	(ਚਲੂਲੀ) ਗੂੜ੍ਹਾ ਲਾਲ ਰੰਗ। ਚੜ੍ਹਾਵਣਿਆ: ਚੱਢਾ ਸਾਫ਼ ਬੋਲੋ।	Man Than Rathaa Rasanaa Rang Chaloolee Bhai Bhaae Rang Charraavaniaa ||1||	This mind and body are so imbued, and this tongue is dyed in the deep crimson color of the poppy. Through the Love and the Fear of God, we are dyed in this color. ||1||	ਉਹਨਾਂ ਦਾ ਮਨ ਰੰਗਿਆ ਜਾਂਦਾ ਹੈ ਉਹਨਾਂ ਦਾ ਸਰੀਰ ਰੰਗਿਆ ਜਾਂਦਾ ਹੈ, ਉਹਨਾਂ ਦੀ ਜੀਭ (ਨਾਮ-) ਰੰਗ ਵਿਚ ਗੂੜ੍ਹੀ ਲਾਲ ਹੋ ਜਾਂਦੀ ਹੈ। ਗੁਰੂ ਉਹਨਾਂ ਨੂੰ ਪ੍ਰਭੂ ਦੇ ਡਰ-ਅਦਬ ਵਿਚ ਰੱਖ ਕੇ ਪ੍ਰਭੂ ਦੇ ਪਿਆਰ ਵਿਚ ਜੋੜ ਕੇ ਨਾਮ-ਰੰਗ ਚਾੜ੍ਹਦਾ ਹੈ ॥੧॥

4629	114	ਹਉ ਵਾਰੀ ਜੀਉ ਵਾਰੀ ਨਿਰਭਉ ਮੰਨਿ ਵਸਾਵਣਿਆ॥		Ho Vaaree Jeeo Vaaree Nirabho Mann Vasaavaniaa ||	I am a sacrifice, my soul is a sacrifice, to those who enshrine the Fearless Lord within their minds.	ਮੈਂ ਸਦਾ ਉਹਨਾਂ ਤੋਂ ਸਦਕੇ ਕੁਰਬਾਨ ਜਾਂਦਾ ਹਾਂ ਜੋ ਉਸ ਪਰਮਾਤਮਾ ਨੂੰ ਆਪਣੇ ਮਨ ਵਿਚ ਵਸਾਂਦੇ ਹਨ ਜਿਸ ਨੂੰ ਕਿਸੇ ਦਾ ਡਰ ਖ਼ਤਰਾ ਨਹੀਂ।
4630	114	ਗੁਰ ਕਿਰਪਾ ਤੇ ਹਰਿ ਨਿਰਭਉ ਧਿਆਇਆ ਬਿਖੁ ਭਉਜਲੁ ਸਬਦਿ ਤਰਾਵਣਿਆ॥੧॥ਰਹਾਉ॥		Gur Kirapaa Thae Har Nirabho Dhhiaaeiaa Bikh Bhoujal Sabadh Tharaavaniaa ||1|| Rehaao ||	By Guru's Grace, I meditate on the Fearless Lord; the Shabad has carried me across the poisonous world-ocean. ||1||Pause||	ਜਿਨ੍ਹਾਂ ਨੇ ਗੁਰੂ ਦੀ ਕਿਰਪਾ ਨਾਲ ਨਿਰਭਉ ਪਰਮਾਤਮਾ ਦਾ ਧਿਆਨ ਧਰਿਆ ਹੈ, ਪਰਮਾਤਮਾ ਉਹਨਾਂ ਨੂੰ ਗੁਰੂ ਦੇ ਸ਼ਬਦ ਵਿਚ ਜੋੜ ਕੇ ਜ਼ਹਰ-ਰੂਪ ਸੰਸਾਰ-ਸੰਮੁਦਰ ਤੋਂ ਪਾਰ ਲੰਘਾ ਲੈਂਦਾ ਹੈ (ਭਾਵ, ਉਸ ਸੰਸਾਰ-ਸਮੁੰਦਰ ਤੋਂ ਪਾਰ ਲੰਘਾਂਦਾ ਹੈ ਜਿਸ ਦਾ ਮੋਹ ਆਤਮਕ ਜੀਵਨ ਵਾਸਤੇ ਜ਼ਹਰ ਵਰਗਾ ਹੈ) ॥੧॥ ਰਹਾਉ ॥
4631	114	ਮਨਮੁਖ ਮੁਗਧ ਕਰਹਿ ਚਤੁਰਾਈ॥		Manamukh Mugadhh Karehi Chathuraaee ||	The idiotic self-willed manmukhs try to be clever,	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮੂਰਖ ਮਨੁੱਖ ਚਤੁਰਾਈਆਂ ਕਰਦੇ ਹਨ (ਤੇ ਆਖਦੇ ਹਨ ਕਿ ਅਸੀਂ ਤੀਰਥ-ਇਸ਼ਨਾਨ ਆਦਿਕ ਪੁੰਨ-ਕਰਮ ਕਰਦੇ ਹਾਂ[)

4632	114	ਨਾਤਾ ਧੋਤਾ ਥਾਇ ਨ ਪਾਈ॥	ਨ੍ਹਾਤਾ	Naathaa Dhhothaa Thhaae N Paaee ||	But in spite of their bathing and washing, they shall not be acceptable.	(ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ) ਬਾਹਰੋਂ ਕਿਤਨਾ ਭੀ ਪਵਿਤ੍ਰ ਕਰਮ ਕਰਨ ਵਾਲਾ ਹੋਵੇ (ਪਰਮਾਤਮਾ ਦੀ ਹਜ਼ੂਰੀ ਵਿਚ) ਪਰਵਾਨ ਨਹੀਂ ਹੁੰਦਾ।
4633	114	ਜੇਹਾ ਆਇਆ ਤੇਹਾ ਜਾਸੀ ਕਰਿ ਅਵਗਣ ਪਛੋਤਾਵਣਿਆ॥੨॥	ਪੱਛੋਤਾਵਣਿਆਂ	Jaehaa Aaeiaa Thaehaa Jaasee Kar Avagan Pashhothaavaniaa ||2||	As they came, so shall they go, regretting the mistakes they made. ||2||	(ਉਹ ਜਗਤ ਵਿਚ ਆਤਮਕ ਜੀਵਨ ਵਲੋਂ) ਜਿਹੋ ਜਿਹਾ (ਖ਼ਾਲੀ ਆਉਂਦਾ ਹੈ ਉਹੋ ਜਿਹਾ (ਖ਼ਾਲੀ) ਹੀ ਚਲਾ ਜਾਂਦਾ ਹੈ (ਜਗਤ ਵਿਚ) ਔਗੁਣ ਕਰ ਕਰ ਕੇ (ਆਖ਼ਰ) ਪਛਤਾਂਦਾ ਹੀ (ਜਾਂਦਾ) ਹੈ ॥੨॥
4634	114	ਮਨਮੁਖ ਅੰਧੇ ਕਿਛੂ ਨ ਸੂਝੈ॥		Manamukh Andhhae Kishhoo N Soojhai ||	The blind, self-willed manmukhs do not understand anything;	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੂੰ, ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਮਨੁੱਖ ਨੂੰ (ਸਹੀ ਜੀਵਨ-ਜੁਗਤਿ ਬਾਰੇ) ਕੁਝ ਨਹੀਂ ਅਹੁੜਦਾ[
4635	114	ਮਰਣੁ ਲਿਖਾਇ ਆਏ ਨਹੀ ਬੂਝੈ॥	ਬੂੱਝੈ	Maran Likhaae Aaeae Nehee Boojhai ||	Death was pre-ordained for them when they came into the world, but they do not understand.	(ਪਿਛਲੇ ਜਨਮਾਂ ਵਿਚ ਮਨਮੁਖਤਾ ਦੇ ਅਧੀਨ ਕੀਤੇ ਕਰਮਾਂ ਅਨੁਸਾਰ) ਆਤਮਕ ਮੌਤ (ਦੇ ਸੰਸਕਾਰ ਆਪਣੇ ਮਨ ਦੀ ਪੱਟੀ ਉੱਤੇ) ਲਿਖਾ ਕੇ ਉਹ (ਜਗਤ ਵਿਚ) ਆਉਂਦਾ ਹੈ (ਇਥੇ ਭੀ ਉਸ ਨੂੰ) ਸਮਝ ਨਹੀਂ ਪੈਂਦੀ[

4636	114	ਮਨਮੁਖ ਕਰਮ ਕਰੇ ਨਹੀ ਪਾਏ ਬਿਨੁ ਨਾਵੈ ਜਨਮੁ ਗਵਾਵਣਿਆ॥੩॥		Manamukh Karam Karae Nehee Paaeae Bin Naavai Janam Gavaavaniaa ||3||	The self-willed manmukhs may practice religious rituals, but they do not obtain the Name; without the Name, they lose this life in vain. ||3||	ਆਪਣੇ ਮਨ ਦੇ ਪਿੱਛੇ ਤੁਰ ਕੇ ਹੀ ਕਰਮ ਕਰਦਾ ਰਹਿੰਦਾ ਹੈ, (ਸਹੀ ਜੀਵਨ-ਜੁਗਤਿ ਦੀ ਸੂਝ) ਹਾਸਲ ਨਹੀਂ ਕਰਦਾ, ਤੇ ਪਰਮਾਤਮਾ ਦੇ ਨਾਮ ਤੋਂ ਵਾਂਜਿਆਂ ਰਹਿ ਕੇ ਮਨੁੱਖਾ ਜਨਮ ਅਜਾਈਂ ਗਵਾ ਜਾਂਦਾ ਹੈ ॥੩॥
4637	114	ਸਚੁ ਕਰਣੀ ਸਬਦੁ ਹੈ ਸਾਰੁ॥		Sach Karanee Sabadh Hai Saar ||	The practice of Truth is the essence of the Shabad.	(ਹੇ ਭਾਈ!) ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ ਹੀ ਕਰਨ-ਜੋਗ ਕੰਮ ਹੈ, ਗੁਰੂ ਦਾ ਸ਼ਬਦ (ਹਿਰਦੇ ਵਿਚ ਵਸਾਣਾ ਹੀ) ਸ੍ਰੇਸ਼ਟ (ਉੱਦਮ) ਹੈ।
4638	114	ਪੂਰੈ ਗੁਰਿ ਪਾਈਐ ਮੋਖ ਦੁਆਰੁ॥		Poorai Gur Paaeeai Mokh Dhuaar ||	Through the Perfect Guru, the gate of salvation is found.	ਪੂਰੇ ਗੁਰੂ ਦੀ ਰਾਹੀਂ ਹੀ ਵਿਕਾਰਾਂ ਤੋਂ ਖ਼ਲਾਸੀ ਪਾਣ ਦਾ ਦਰਵਾਜ਼ਾ ਲੱਭਦਾ ਹੈ।
4639	114	ਅਨ ਦਿਨੁ ਬਾਣੀ ਸਬਦਿ ਸੁਣਾਏ ਸਚਿ ਰਾਤੇ ਰੰਗਿ ਰੰਗਾਵਣਿਆ॥੪॥		Anadhin Baanee Sabadh Sunaaeae Sach Raathae Rang Rangaavaniaa ||4||	So, night and day, listen to the Word of the Guru's Bani, and the Shabad. Let yourself be colored by this love. ||4||	(ਗੁਰੂ ਜਿਨ੍ਹਾਂ ਨੂੰ) ਹਰ ਵੇਲੇ ਆਪਣੀ ਬਾਣੀ ਦੀ ਰਾਹੀਂ ਆਪਣੇ ਸ਼ਬਦ ਦੀ ਰਾਹੀਂ (ਪਰਮਾਤਮਾ ਦੀ ਸਿਫ਼ਤ-ਸਾਲਾਹ) ਸੁਣਾਂਦਾ ਰਹਿੰਦਾ ਹੈ, ਉਹ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਰੰਗੇ ਜਾਂਦੇ ਹਨ, ਉਹ ਉਸ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ ॥੪॥

4640	114	ਰਸਨਾ ਹਰਿ ਰਸਿ ਰਾਤੀ ਰੰਗੁ ਲਾਏ॥		Rasanaa Har Ras Raathee Rang Laaeae ||	The tongue, imbued with the Lord's Essence, delights in His Love.	ਜਿਸ ਮਨੁੱਖ ਦੀ ਜੀਭ ਪੂਰੀ ਲਗਨ ਲਾ ਕੇ ਪਰਮਾਤਮਾ ਦੇ ਨਾਮ-ਰਸ ਵਿਚ ਰੰਗੀ ਜਾਂਦੀ ਹੈ,
4641	114	ਮਨੁ ਤਨੁ ਮੋਹਿਆ ਸਹਜਿ ਸੁਭਾਏ॥		Man Than Mohiaa Sehaj Subhaaeae ||	My mind and body are enticed by the Lord's Sublime Love.	ਉਸ ਦਾ ਮਨ ਆਤਮਕ ਅਡੋਲਤਾ ਵਿਚ ਮਸਤ ਰਹਿੰਦਾ ਹੈ, ਉਸ ਦਾ ਸਰੀਰ ਪ੍ਰੇਮ-ਰੰਗ ਵਿਚ ਮਗਨ ਰਹਿੰਦਾ ਹੈ।
4642	114	ਸਹਜੇ ਪ੍ਰੀਤਮੁ ਪਿਆਰਾ ਪਾਇਆ ਸਹਜੇ ਸਹਜਿ ਮਿਲਾਵਣਿਆ॥੫॥		Sehajae Preetham Piaaraa Paaeiaa Sehajae Sehaj Milaavaniaa ||5||	I have easily obtained my Darling Beloved; I am intuitively absorbed in celestial peace. ||5||	ਆਤਮਕ ਅਡੋਲਤਾ ਵਿਚ ਟਿਕ ਕੇ ਉਹ ਪਿਆਰੇ ਪ੍ਰੀਤਮ ਪ੍ਰਭੂ ਨੂੰ ਮਿਲ ਪੈਂਦਾ ਹੈ, ਉਹ ਸਦਾ ਆਤਮਕ ਅਡੋਲਤਾ ਵਿਚ ਹੀ ਲੀਨ ਰਹਿੰਦਾ ਹੈ ॥੫॥
4643	114	ਜਿਸੁ ਅੰਦਰਿ ਰੰਗੁ ਸੋਈ ਗੁਣ ਗਾਵੈ॥		Jis Andhar Rang Soee Gun Gaavai ||	Those who have the Lord's Love within, sing His Glorious Praises;	ਜਿਸ ਮਨੁੱਖ ਦੇ ਹਿਰਦੇ ਵਿਚ ਲਗਨ ਹੈ, ਉਹੀ ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਹੈ।
4644	114	ਗੁਰ ਕੈ ਸਬਦਿ ਸਹਜੇ ਸੁਖਿ ਸਮਾਵੈ॥		Gur Kai Sabadh Sehajae Sukh Samaavai ||	Through the Word of the Guru's Shabad, they are intuitively absorbed in celestial peace.	ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਤਮਕ ਅਡੋਲਤਾ ਵਿਚ ਆਤਮਕ ਆਨੰਦ ਵਿਚ ਮਗਨ ਹੋਇਆ ਰਹਿੰਦਾ ਹੈ।

4645	114	ਹਉ ਬਲਿਹਾਰੀ ਸਦਾ ਤਿਨ ਵਿਟਹੁ ਗੁਰ ਸੇਵਾ ਚਿਤੁ ਲਾਵਣਿਆ॥੬॥		Ho Balihaaree Sadhaa Thin Vittahu Gur Saevaa Chith Laavaniaa ||6||	I am forever a sacrifice to those who dedicate their consciousness to the Guru's Service. ||6||	ਮੈਂ ਸਦਾ ਉਹਨਾਂ ਬੰਦਿਆਂ ਤੋਂ ਸਦਕੇ ਜਾਂਦਾ ਹਾਂ, ਜਿਨ੍ਹਾਂ ਨੇ ਗੁਰੂ ਦੀ ਦੱਸੀ ਕਾਰ ਵਿਚ ਆਪਣਾ ਚਿੱਤ ਲਾਇਆ ਹੋਇਆ ਹੈ ॥੬॥
4646	114	ਸਚਾ ਸਚੋ ਸਚਿ ਪਤੀਜੈ॥	(ਪਤੀਜੈ) ਖੁਸ਼ ਹੁੰਦੇ	Sachaa Sacho Sach Patheejai ||	The True Lord is pleased with Truth, and only Truth.	ਜਿਨ੍ਹਾਂ ਦਾ ਮਨ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰ ਕੇ ਸਦਾ-ਥਿਰ ਦੀ ਯਾਦ ਵਿਚ ਗਿੱਝਿਆ ਰਹਿੰਦਾ ਹੈ,
4647	114	ਗੁਰ ਪਰਸਾਦੀ ਅੰਦਰੁ ਭੀਜੈ॥		Gur Parasaadhee Andhar Bheejai ||	By Guru's Grace, one's inner being is deeply imbued with His Love.	ਗੁਰੂ ਦੀ ਕਿਰਪਾ ਨਾਲ ਜਿਨ੍ਹਾਂ ਮਨੁੱਖਾਂ ਦਾ ਹਿਰਦਾ (ਸਿਫ਼ਤ-ਸਾਲਾਹ ਦੇ ਰਸ ਨਾਲ) ਭਿੱਜਿਆ ਰਹਿੰਦਾ ਹੈ,
4648	114	ਬੈਸਿ ਸੁਥਾਨਿ ਹਰਿ ਗੁਣ ਗਾਵਹਿ ਆਪੇ ਕਰਿ ਸਤਿ ਮਨਾਵਣਿਆ॥੭॥		Bais Suthhaan Har Gun Gaavehi Aapae Kar Sath Manaavaniaa ||7||	Sitting in that blessed place, sing the Glorious Praises of the Lord, who Himself inspires us to accept His Truth. ||7||	ਉਹ ਸ੍ਰੇਸ਼ਟ ਅੰਤਰ ਆਤਮੇ ਵਿਚ ਟਿਕ ਕੇ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ। ਪ੍ਰਭੂ ਆਪ ਹੀ ਉਹਨਾਂ ਨੂੰ ਇਹ ਸਰਧਾ ਬਖ਼ਸ਼ਦਾ ਹੈ ਕਿ ਸਿਫ਼ਤ-ਸਾਲਾਹ ਦੀ ਕਾਰ ਹੀ ਸਹੀ ਜੀਵਨ-ਕਾਰ ਹੈ ॥੭॥
4649	114	ਜਿਸ ਨੋ ਨਦਰਿ ਕਰੇ ਸੋ ਪਾਏ॥		Jis No Nadhar Karae So Paaeae ||	That one, upon whom the Lord casts His Glance of Grace, obtains it.	ਪਰ ਪ੍ਰਭੂ ਦਾ ਨਾਮ ਸਿਮਰਨ ਦੀ ਸੂਝ ਉਹੀ ਮਨੁੱਖ ਹਾਸਲ ਕਰਦਾ ਹੈ, ਜਿਸ ਉੱਤੇ ਪ੍ਰਭੂ ਮਿਹਰ ਦੀ ਨਿਗਾਹ ਕਰਦਾ ਹੈ।
4650	114	ਗੁਰ ਪਰਸਾਦੀ ਹਉਮੈ ਜਾਏ॥		Gur Parasaadhee Houmai Jaaeae ||	By Guru's Grace, egotism departs.	ਗੁਰੂ ਦੀ ਕਿਰਪਾ ਨਾਲ (ਨਾਮ ਸਿਮਰਿਆਂ) ਉਸ ਦੀ ਹਉਮੈ ਦੂਰ ਹੋ ਜਾਂਦੀ ਹੈ।

4651	114	ਨਾਨਕ ਨਾਮੁ ਵਸੈ ਮਨ ਅੰਤਰਿ ਦਰਿ ਸਚੈ ਸੋਭਾ ਪਾਵਣਿਆ॥੮॥੮॥੯॥		Naanak Naam Vasai Man Anthar Dhar Sachai Sobhaa Paavaniaa ||8||8||9||	O Nanak, that one, within whose mind the Name dwells, is honored in the True Court. ||8||8||9||	ਹੇ ਨਾਨਕ! ਉਸ ਮਨੁੱਖ ਦੇ ਮਨ ਵਿਚ ਪ੍ਰਭੂ ਦਾ ਨਾਮ ਵੱਸ ਪੈਂਦਾ ਹੈ, ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਉਸ ਨੂੰ ਸੋਭਾ ਮਿਲਦੀ ਹੈ ॥੮॥੮॥੯॥
4652	114	ਮਾਝ ਮਹਲਾ ੩॥		Maajh Mehalaa 3 ||	Maajh Third Mehl:	
4653	114	ਸਤਿਗੁਰੁ ਸੇਵਿਐ ਵਡੀ ਵਡਿਆਈ॥		Sathigur Saeviai Vaddee Vaddiaaee ||	Serving the True Guru is the greatest greatness.	ਜੇ (ਮਨੁੱਖ) ਗੁਰੂ ਨੂੰ (ਆਪਣੀ ਜ਼ਿੰਦਗੀ ਦਾ) ਆਸਰਾ-ਪਰਨਾ ਬਣਾ ਲਏ, ਤਾਂ ਉਸ ਨੂੰ ਇਹ ਭਾਰੀ ਇੱਜ਼ਤ ਮਿਲਦੀ ਹੈ,
4654	114	ਹਰਿ ਜੀ ਅਚਿੰਤੁ ਵਸੈ ਮਨਿ ਆਈ॥		Har Jee Achinth Vasai Man Aaee ||	The Dear Lord automatically comes to dwell in the mind.	ਕਿ ਉਹ ਪਰਮਾਤਮਾ ਉਸ ਦੇ ਮਨ ਵਿਚ ਆ ਵੱਸਦਾ ਹੈ ਜਿਸ ਨੂੰ ਦੁਨੀਆ ਵਾਲੀ ਕੋਈ ਚਿੰਤਾ ਪੋਹ ਨਹੀਂ ਸਕਦੀ।
4655	114	ਹਰਿ ਜੀਉ ਸਫਲਿਓ ਬਿਰਖੁ ਹੈ ਅੰਮ੍ਰਿਤੁ ਜਿਨਿ ਪੀਤਾ ਤਿਸੁ ਤਿਖਾ ਲਹਾਵਣਿਆ॥੧॥		Har Jeeo Safaliou Birakh Hai Anmrith Jin Peethaa This Thikhaa Lehaavaniaa ||1||	The Dear Lord is the fruit-bearing tree; drinking in the Ambrosial Nectar, thirst is quenched. ||1||	(ਹੇ ਭਾਈ!) ਪਰਮਾਤਮਾ (ਮਾਨੋ) ਇਕ ਫਲਦਾਰ ਰੁੱਖ ਹੈ ਜਿਸ ਵਿਚੋਂ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਚੋਂਦਾ ਹੈ। ਜਿਸ ਮਨੁੱਖ ਨੇ (ਉਹ ਰਸ) ਪੀ ਲਿਆ, ਨਾਮ-ਰਸ ਨੇ ਉਸ ਦੀ (ਮਾਇਆ ਦੀ) ਤ੍ਰੇਹ ਦੂਰ ਕਰ ਦਿੱਤੀ ॥੧॥

4656	114	ਹਉ ਵਾਰੀ ਜੀਉ ਵਾਰੀ ਸਚੁਸੰਗਤਿ ਮੇਲਿ ਮਿਲਾਵਣਿਆ॥		Ho Vaaree Jeeo Vaaree Sach Sangath Mael Milaavaniaa ||	I am a sacrifice, my soul is a sacrifice, to the one who leads me to join the True Congregation.	ਮੈਂ ਸਦਕੇ ਹਾਂ ਕੁਰਬਾਨ ਹਾਂ (ਪਰਮਾਤਮਾ ਤੋਂ), ਉਹ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਸਾਧ-ਸੰਗਤਿ ਵਿਚ ਮਿਲਾ ਕੇ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ।
4657	114	ਹਰਿ ਸਤਸੰਗਤਿ ਆਪੇ ਮੇਲੈ ਗੁਰ ਸਬਦੀ ਹਰਿ ਗੁਣ ਗਾਵਣਿਆ॥੧॥ਰਹਾਉ॥		Har Sathasangath Aapae Maelai Gur Sabadhee Har Gun Gaavaniaa ||1|| Rehaao ||	The Lord Himself unites me with the Sat Sangat, the True Congregation. Through the Word of the Guru's Shabad, I sing the Glorious Praises of the Lord. ||1||Pause||	ਪਰਮਾਤਮਾ ਆਪ ਹੀ ਸਾਧ ਸੰਗਤਿ ਦਾ ਮੇਲ ਕਰਦਾ ਹੈ। (ਜੇਹੜਾ ਮਨੁੱਖ ਸਾਧ ਸੰਗਤਿ ਵਿਚ ਜੁੜਦਾ ਹੈ ਉਹ) ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੇ ਗੁਣ ਗਾਂਦਾ ਹੈ ॥੧॥ ਰਹਾਉ ॥
4658	115	ਸਤਿਗੁਰੁ ਸੇਵੀ ਸਬਦਿ ਸੁਹਾਇਆ॥	(ਸੁਹਾਇਆ) ਸੁੰਦਰ ਸੋਭਾ ਵਾਲਾ	Sathigur Saevee Sabadh Suhaaeiaa ||	I serve the True Guru; the Word of His Shabad is beautiful.	(ਹੇ ਭਾਈ!) ਮੈਂ ਉਸ ਗੁਰੂ ਨੂੰ ਆਪਣਾ ਆਸਰਾ-ਪਰਨਾ ਬਣਾਇਆ ਹੈ, ਜਿਸ ਨੇ ਆਪਣੇ ਸ਼ਬਦ ਦੀ ਰਾਹੀਂ ਮੇਰਾ ਜੀਵਨ ਸੰਵਾਰ ਦਿੱਤਾ ਹੈ,
4659	115	ਜਿਨਿ ਹਰਿ ਕਾ ਨਾਮੁ ਮੰਨਿ ਵਸਾਇਆ॥		Jin Har Kaa Naam Mann Vasaaeiaa ||	Through it, the Name of the Lord comes to dwell within the mind.	ਜਿਸ ਨੇ ਪਰਮਾਤਮਾ ਦਾ ਨਾਮ ਮੇਰੇ ਮਨ ਵਿਚ ਵਸਾ ਦਿੱਤਾ ਹੈ।

4660	115	ਹਰਿ ਨਿਰਮਲੁ ਹਉਮੈ ਮੈਲੁ ਗਵਾਏ ਦਰਿ ਸਚੈ ਸੋਭਾ ਪਾਵਣਿਆ॥੨॥		Har Niramal Houmai Mail Gavaaeae Dhar Sachai Sobhaa Paavaniaa ||2||	The Pure Lord removes the filth of egotism, and we are honored in the True Court. ||2||	(ਹੇ ਭਾਈ!) ਪਰਮਾਤਮਾ ਦਾ ਨਾਮ ਪਵਿਤ੍ਰ ਹੈ, ਹਉਮੈ ਦੀ ਮੈਲ ਦੂਰ ਕਰ ਦੇਂਦਾ ਹੈ। (ਜੇਹੜਾ ਮਨੁੱਖ ਪ੍ਰਭੂ-ਨਾਮ ਨੂੰ ਆਪਣੇ ਮਨ ਵਿਚ ਵਸਾਂਦਾ ਹੈ ਉਹ) ਸਦਾ-ਥਿਰ ਪ੍ਰਭੂ ਦੇ ਦਰ ਤੇ ਸੋਭਾ ਖੱਟਦਾ ਹੈ ॥੨॥
4661	115	ਬਿਨੁ ਗੁਰ ਨਾਮੁ ਨ ਪਾਇਆ ਜਾਇ॥		Bin Gur Naam N Paaeiaa Jaae ||	Without the Guru, the Naam cannot be obtained.	ਪਰ ਪਰਮਾਤਮਾ ਦਾ ਨਾਮ ਗੁਰੂ (ਦੀ ਸਰਨ) ਤੋਂ ਬਿਨਾ ਨਹੀਂ ਮਿਲਦਾ।
4662	115	ਸਿਧ ਸਾਧਿਕ ਰਹੇ ਬਿਲਲਾਇ॥	(ਬਿਲਲਾਇ) ਤਰਲੇ ਲੈਂਦੇ	Sidhh Saadhhik Rehae Bilalaae ||	The Siddhas and the seekers lack it; they weep and wail.	ਜੋਗ-ਸਾਧਨ ਕਰਨ ਵਾਲੇ ਤੇ ਜੋਗ-ਸਾਧਨ ਵਿਚ ਪੁੱਗੇ ਹੋਏ ਅਨੇਕਾਂ ਜੋਗੀ ਤਰਲੇ ਲੈਂਦੇ ਰਹਿ ਗਏ।
4663	115	ਬਿਨੁ ਗੁਰ ਸੇਵੇ ਸੁਖੁ ਨ ਹੋਵੀ ਪੂਰੈ ਭਾਗਿ ਗੁਰੁ ਪਾਵਣਿਆ॥੩॥		Bin Gur Saevae Sukh N Hovee Poorai Bhaag Gur Paavaniaa ||3||	Without serving the True Guru, peace is not obtained; through perfect destiny, the Guru is found. ||3||	ਗੁਰੂ ਦੀ ਸਰਨ ਆਉਣ ਤੋਂ ਬਿਨਾ ਆਤਮਕ ਆਨੰਦ ਨਹੀਂ ਬਣਦਾ, ਵੱਡੀ ਕਿਸਮਤਿ ਨਾਲ ਗੁਰੂ ਮਿਲਦਾ ਹੈ ॥੩॥

4664	115	ਇਹੁ ਮਨੁ ਆਰਸੀ ਕੋਈ ਗੁਰਮੁਖਿ ਵੇਖੈ॥	(ਆਰਸੀ) ਸ਼ੀਸ਼ਾ	Eihu Man Aarasee Koee Guramukh Vaekhai ||	This mind is a mirror; how rare are those who, as Gurmukh, see themselves in it.	ਮਨੁੱਖ ਦਾ ਇਹ ਮਨ ਆਰਸੀ (looking-glass) ਸਮਾਨ ਹੈ (ਇਸ ਦੀ ਰਾਹੀਂ ਹੀ ਮਨੁੱਖ ਆਪਣਾ ਆਤਮਕ ਜੀਵਨ ਵੇਖ ਸਕਦਾ ਹੈ, ਪਰ) ਸਿਰਫ਼ ਉਹੀ ਮਨੁੱਖ ਵੇਖਦਾ ਹੈ ਜੇਹੜਾ ਗੁਰੂ ਦੀ ਸਰਨ ਪਏ (ਗੁਰੂ ਦਾ ਆਸਰਾ ਲੈਣ ਤੋਂ ਬਿਨਾ ਇਸ ਮਨ ਨੂੰ ਹਉਮੈ ਦਾ ਜੰਗਾਲ ਲੱਗਾ ਰਹਿੰਦਾ ਹੈ।)
4665	115	ਮੋਰਚਾ ਨ ਲਾਗੈ ਜਾ ਹਉਮੈ ਸੋਖੈ॥	(ਮੋਰਚਾ) ਜੰਗਾਲ। (ਸੋਖੈ) ਖਤਮ ਕਰੇ	Morachaa N Laagai Jaa Houmai Sokhai ||	Rust does not stick to those who burn their ego.	ਜਦੋਂ (ਗੁਰੂ ਦੇ ਦਰ ਤੇ ਪੈ ਕੇ ਮਨੁੱਖ ਆਪਣੇ ਅੰਦਰੋਂ ਹਉਮੈ ਮੁਕਾਂਦਾ ਹੈ ਤਾਂ (ਫਿਰ ਮਨ ਨੂੰ ਹਉਮੈ ਦਾ) ਜੰਗਾਲ ਨਹੀਂ ਲੱਗਦਾ (ਤੇ ਮਨੁੱਖ ਇਸ ਦੀ ਰਾਹੀਂ ਆਪਣੇ ਜੀਵਨ ਨੂੰ ਵੇਖ-ਪਰਖ ਸਕਦਾ ਹੈ)।
4666	115	ਅਨਹਤ ਬਾਣੀ ਨਿਰਮਲ ਸਬਦੁ ਵਜਾਏ ਗੁਰ ਸਬਦੀ ਸਚਿ ਸਮਾਵਣਿਆ॥੪॥	(ਅਨਹਤ) ਇਕ ਰਸ	Anehath Baanee Niramal Sabadh Vajaaeae Gur Sabadhee Sach Samaavaniaa ||4||	The Unstruck Melody of the Bani resounds through the Pure Word of the Shabad; through the Word of the Guru's Shabad, we are absorbed into the True One. ||4||	(ਗੁਰੂ ਦੀ ਸਰਨ ਪਿਆ ਮਨੁੱਖ) ਗੁਰੂ ਦੀ ਪਵਿਤ੍ਰ ਬਾਣੀ ਨੂੰ ਗੁਰੂ ਦੇ ਸ਼ਬਦ ਨੂੰ ਇਕ-ਰਸ (ਆਪਣੇ ਅੰਦਰ) ਪ੍ਰਬਲ ਕਰੀ ਰੱਖਦਾ ਹੈ ਤੇ (ਇਸ ਤਰ੍ਹਾਂ) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ ॥੪॥

4667	115	ਬਿਨੁ ਸਤਿਗੁਰ ਕਿਹੁ ਨ ਦੇਖਿਆ ਜਾਇ॥	(ਕਿਹੁ) ਕਿਸੇ ਤਰਾਂ	Bin Sathigur Kihu N Dhaekhiaa Jaae ||	Without the True Guru, the Lord cannot be seen.	ਗੁਰੂ ਦੀ ਸਰਨ ਪੈਣ ਤੋਂ ਬਿਨਾ ਕਿਸੇ ਪਾਸੋਂ ਭੀ (ਆਪਣਾ ਆਤਮਕ ਜੀਵਨ) ਵੇਖਿਆ-ਪਰਖਿਆ ਨਹੀਂ ਜਾ ਸਕਦਾ।
4668	115	ਗੁਰਿ ਕਿਰਪਾ ਕਰਿ ਆਪੁ ਦਿਤਾ ਦਿਖਾਇ॥		Gur Kirapaa Kar Aap Dhithaa Dhikhaae ||	Granting His Grace, He Himself has allowed me to see Him.	(ਜਿਸ ਨੂੰ ਵਿਖਾਇਆ ਹੈ) ਗੁਰੂ ਨੇ (ਹੀ) ਕਿਰਪਾ ਕਰ ਕੇ (ਉਸਦਾ) ਆਪਣਾ ਆਤਮਕ ਜੀਵਨ ਵਿਖਾਇਆ ਹੈ।
4669	115	ਆਪੇ ਆਪਿ ਆਪਿ ਮਿਲਿ ਰਹਿਆ ਸਹਜੇ ਸਹਜਿ ਸਮਾਵਣਿਆ॥੫॥		Aapae Aap Aap Mil Rehiaa Sehajae Sehaj Samaavaniaa ||5||	All by Himself, He Himself is permeating and pervading; He is intuitively absorbed in celestial peace. ||5||	(ਫਿਰ ਉਸ ਵਡਭਾਗੀ ਨੂੰ ਇਹ ਨਿਸਚਾ ਬਣ ਜਾਂਦਾ ਹੈ ਕਿ) ਪਰਮਾਤਮਾ ਆਪ ਹੀ ਆਪ ਹੀ (ਸਭ ਜੀਵਾਂ ਵਿਚ) ਵਿਆਪਕ ਹੋ ਰਿਹਾ ਹੈ (ਆਪਣੇ ਆਪੇ ਦੀ ਵੇਖ-ਪਰਖ ਕਰਨ ਵਾਲਾ ਮਨੁੱਖ) ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ॥੫॥
4670	115	ਗੁਰਮੁਖਿ ਹੋਵੈ ਸੁ ਇਕਸੁ ਸਿਉ ਲਿਵ ਲਾਏ॥		Guramukh Hovai S Eikas Sio Liv Laaeae ||	One who becomes Gurmukh embraces love for the One.	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ, ਉਹ ਸਿਰਫ਼ ਪਰਮਾਤਮਾ ਨਾਲ ਹੀ ਪ੍ਰੇਮ ਪਾਈ ਰੱਖਦਾ ਹੈ।
4671	115	ਦੂਜਾ ਭਰਮੁ ਗੁਰ ਸਬਦਿ ਜਲਾਏ॥		Dhoojaa Bharam Gur Sabadh Jalaaeae ||	Doubt and duality are burned away by the Word of the Guru's Shabad.	ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ (ਆਪਣੇ ਅੰਦਰੋਂ) ਮਾਇਆ ਵਾਲੀ ਭਟਕਣਾ ਦੂਰ ਕਰ ਲੈਂਦਾ ਹੈ।

4672	115	ਕਾਇਆ ਅੰਦਰਿ ਵਣਜੁ ਕਰੇ ਵਾਪਾਰਾ ਨਾਮੁ ਨਿਧਾਨੁ ਸਚੁ ਪਾਵਣਿਆ॥੬॥		Kaaeiaa Andhar Vanaj Karae Vaapaaraa Naam Nidhhaan Sach Paavaniaa ||6||	Within his body, he deals and trades, and obtains the Treasure of the True Name. ||6||	ਉਹ ਆਪਣੇ ਸਰੀਰ ਦੇ ਵਿਚ ਹੀ ਰਹਿ ਕੇ (ਭਾਵ, ਮਨ ਨੂੰ ਬਾਹਰ ਭਟਕਣੋਂ ਰੋਕ ਕੇ) ਪ੍ਰਭੂ-ਨਾਮ ਦਾ ਵਣਜ ਵਪਾਰ ਕਰਦਾ ਹੈ, ਤੇ ਪ੍ਰਭੂ ਦਾ ਸਦਾ-ਥਿਰ ਰਹਿਣ ਵਾਲਾ ਨਾਮ-ਖ਼ਜ਼ਾਨਾ ਪ੍ਰਾਪਤ ਕਰਦਾ ਹੈ ॥੬॥
4673	115	ਗੁਰਮੁਖਿ ਕਰਣੀ ਹਰਿ ਕੀਰਤਿ ਸਾਰੁ॥		Guramukh Karanee Har Keerath Saar ||	The life-style of the Gurmukh is sublime; he sings the Praises of the Lord.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪਰਮਾਤਮਾ ਦੀ ਸਿਫ਼ਤ-ਸਾਲਾਹ ਨੂੰ ਹੀ ਕਰਨ-ਜੋਗ ਕੰਮ ਸਮਝਦਾ ਹੈ ਸਭ ਤੋਂ ਸ੍ਰੇਸ਼ਟ ਉੱਦਮ ਜਾਣਦਾ ਹੈ।
4674	115	ਗੁਰਮੁਖਿ ਪਾਏ ਮੋਖ ਦੁਆਰੁ॥		Guramukh Paaeae Mokh Dhuaar ||	The Gurmukh finds the gate of salvation.	ਗੁਰੂ ਦੇ ਸਨਮੁਖ ਰਹਿ ਕੇ ਉਹ (ਸਿਫ਼ਤ-ਸਾਲਾਹ ਦੀ ਬਰਕਤਿ ਨਾਲ) ਵਿਕਾਰਾਂ ਤੋਂ ਖ਼ਲਾਸੀ ਦਾ ਦਰਵਾਜ਼ਾ ਲੱਭ ਲੈਂਦਾ ਹੈ।
4675	115	ਅਨ ਦਿਨੁ ਰੰਗਿ ਰਤਾ ਗੁਣ ਗਾਵੈ ਅੰਦਰਿ ਮਹਲਿ ਬੁਲਾਵਣਿਆ ॥੭॥		Anadhin Rang Rathaa Gun Gaavai Andhar Mehal Bulaavaniaa ||7||	Night and day, he is imbued with the Lord's Love. He sings the Lord's Glorious Praises, and he is called to the Mansion of His Presence. ||7||	ਉਹ ਹਰ ਵੇਲੇ ਪ੍ਰਭੂ ਦੇ ਨਾਮ-ਰੰਗ ਵਿਚ ਰੰਗਿਆ ਰਹਿ ਕੇ ਪ੍ਰਭੂ ਦੇ ਗੁਣ ਗਾਂਦਾ ਰਹਿੰਦਾ ਹੈ। ਪ੍ਰਭੂ ਉਸ ਨੂੰ ਆਪਣੇ ਚਰਨਾਂ ਵਿਚ ਆਪਣੀ ਹਜ਼ੂਰੀ ਵਿਚ ਬੁਲਾਈ ਰੱਖਦਾ ਹੈ (ਜੋੜੀ ਰੱਖਦਾ ਹੈ) ॥੭॥

4676	115	ਸਤਿਗੁਰੁ ਦਾਤਾ ਮਿਲੈ ਮਿਲਾਇਆ॥		Sathigur Dhaathaa Milai Milaaeiaa ||	The True Guru, the Giver, is met when the Lord leads us to meet Him.	ਗੁਰੂ ਹੀ (ਸਿਫ਼ਤ-ਸਾਲਾਹ ਦੀ, ਨਾਮ ਦੀ) ਦਾਤ ਦੇਣ ਵਾਲਾ ਹੈ (ਪਰ ਗੁਰੂ ਤਦੋਂ ਹੀ) ਮਿਲਦਾ ਹੈ (ਜਦੋਂ ਪਰਮਾਤਮਾ ਆਪ) ਮਿਲਾਏ।
4677	115	ਪੂਰੈ ਭਾਗਿ ਮਨਿ ਸਬਦੁ ਵਸਾਇਆ॥		Poorai Bhaag Man Sabadh Vasaaeiaa ||	Through perfect destiny, the Shabad is enshrined in the mind.	(ਜਿਸ ਮਨੁੱਖ ਨੂੰ) ਪੂਰੀ ਕਿਸਮਤਿ ਨਾਲ (ਗੁਰੂ ਮਿਲ ਪੈਂਦਾ ਹੈ ਉਹ ਆਪਣੇ) ਮਨ ਵਿਚ ਗੁਰੂ ਦਾ ਸ਼ਬਦ ਵਸਾਈ ਰੱਖਦਾ ਹੈ।
4678	115	ਨਾਨਕ ਨਾਮੁ ਮਿਲੈ ਵਡਿਆਈ ਹਰਿ ਸਚੇ ਕੇ ਗੁਣ ਗਾਵਣਿਆ॥੮॥੯॥੧੦॥		Naanak Naam Milai Vaddiaaee Har Sachae Kae Gun Gaavaniaa ||8||9||10||	O Nanak, the greatness of the Naam, the Name of the Lord, is obtained by chanting the Glorious Praises of the True Lord. ||8||9||10||	ਹੇ ਨਾਨਕ! ਉਸ ਮਨੁੱਖ ਨੂੰ ਇਹ ਵਡਿਆਈ ਮਿਲਦੀ ਹੈ ਕਿ ਉਹ ਪ੍ਰਭੂ ਦਾ ਨਾਮ ਜਪਦਾ ਰਹਿੰਦਾ ਹੈ ਉਹ ਸਦਾ-ਥਿਰ ਹਰੀ ਦੇ ਗੁਣ ਗਾਂਦਾ ਰਹਿੰਦਾ ਹੈ ॥੮॥੯॥੧੦॥
4679	115	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
4680	115	ਆਪੁ ਵੰਞਾਏ ਤਾ ਸਭ ਕਿਛੁ ਪਾਏ॥	ਟਿੱਪੀ ਤੇ ੲ ਖ਼ੂਬ ਨੱਕ ਚ ਬੋਲੋ। (ਵੰਞਾਏ) ਗਵਾਏ	Aap Vannjaaeae Thaa Sabh Kishh Paaeae ||	Those who lose their own selves obtain everything.	ਜੇਹੜਾ ਮਨੁੱਖ (ਆਪਣੇ ਅੰਦਰੋਂ) ਆਪਾ-ਭਾਵ (ਹਉਮੈ ਮਮਤਾ) ਦੂਰ ਕਰਦਾ ਹੈ, ਉਹ (ਉੱਚ ਆਤਮਕ ਜੀਵਨ ਵਾਲਾ) ਹਰੇਕ ਗੁਣ ਗ੍ਰਹਿਣ ਕਰ ਲੈਂਦਾ ਹੈ।

4681	115	ਗੁਰ ਸਬਦੀ ਸਚੀ ਲਿਵ ਲਾਏ॥		Gur Sabadhee Sachee Liv Laaeae ||	Through the Word of the Guru's Shabad, they enshrine Love for the True one.	ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਦੇ ਚਰਨਾਂ ਵਿਚ ਸਦਾ ਟਿਕੀ ਰਹਿਣ ਵਾਲੀ ਲਗਨ ਬਣਾ ਲੈਂਦਾ ਹੈ।
4682	115	ਸਚੁ ਵਣੰਜਹਿ ਸਚੁ ਸੰਘਰਹਿ ਸਚੁ ਵਾਪਾਰੁ ਕਰਾਵਣਿਆ॥੧॥	(ਵਣੰਜਹਿ) ਸੌਦਾ ਕਰਦੇ। (ਸੰਘਰ-ਹਿ) ਇਕੱਠਾ ਕਰਦੇ	Sach Vananjehi Sach Sangharehi Sach Vaapaar Karaavaniaa ||1||	They trade in Truth, they gather in Truth, and they deal only in Truth. ||1||	(ਆਪਾ-ਭਾਵ ਦੂਰ ਕਰਨ ਵਾਲੇ ਮਨੁੱਖ) ਸਦਾ-ਥਿਰ ਪ੍ਰਭੂ ਦਾ ਨਾਮ ਸੌਦਾ ਵਿਹਾਝਦੇ ਹਨ, ਨਾਮ ਧਨ ਇਕੱਠਾ ਕਰਦੇ ਹਨ ਤੇ ਨਾਮ ਦਾ ਹੀ ਵਪਾਰ ਕਰਦੇ ਹਨ (ਭਾਵ, ਸਤਸੰਗੀਆਂ ਵਿਚ ਬੈਠ ਕੇ ਭੀ ਸਿਫ਼ਤ-ਸਾਲਾਹ ਕਰਦੇ ਰਹਿੰਦੇ ਹਨ) ॥੧॥
4683	115	ਹਉ ਵਾਰੀ ਜੀਉ ਵਾਰੀ ਹਰਿ ਗੁਣ ਅਨ ਦਿਨੁ ਗਾਵਣਿਆ॥		Ho Vaaree Jeeo Vaaree Har Gun Anadhin Gaavaniaa ||	I am a sacrifice, my soul is a sacrifice, to those who sing the Glorious Praises of the Lord, night and day.	ਮੈਂ ਸਦਾ ਉਹਨਾਂ ਤੋਂ ਸਦਕੇ ਕੁਰਬਾਨ ਜਾਂਦਾ ਹਾਂ, ਜੇਹੜੇ ਹਰ ਰੋਜ਼ ਪਰਮਾਤਮਾ ਦੇ ਗੁਣ ਗਾਂਦੇ ਹਨ।
4684	115	ਹਉ ਤੇਰਾ ਤੂੰ ਠਾਕੁਰੁ ਮੇਰਾ ਸਬਦਿ ਵਡਿਆਈ ਦੇਵਣਿਆ॥੧॥ਰਹਾਉ॥		Ho Thaeraa Thoon Thaakur Maeraa Sabadh Vaddiaaee Dhaevaniaa ||1|| Rehaao ||	I am Yours, You are my Lord and Master. You bestow greatness through the Word of Your Shabad. ||1||Pause||	ਹੇ ਪ੍ਰਭੂ! ਤੂੰ ਮੇਰਾ ਮਾਲਕ ਹੈਂ ਮੈਂ ਤੇਰਾ ਸੇਵਕ ਹਾਂ, (ਤੂੰ ਆਪ ਹੀ) ਗੁਰੂ ਦੇ ਸ਼ਬਦ ਵਿਚ ਜੋੜ ਕੇ (ਆਪਣੀ ਸਿਫ਼ਤ-ਸਾਲਾਹ ਦੀ) ਵਡਿਆਈ ਬਖ਼ਸ਼ਦਾ ਹੈਂ (ਮੈਨੂੰ ਭੀ ਇਹ ਦਾਤ ਦੇਹ) ॥੧॥ ਰਹਾਉ ॥

4685	115	ਵੇਲਾ ਵਖਤ ਸਭਿ ਸੁਹਾਇਆ॥	(ਸੁਹਾਇਆ) ਸੋਭਨੀਕ	Vaelaa Vakhath Sabh Suhaaeiaa ||	That time, that moment is totally beautiful,	(ਹੇ ਭਾਈ!) ਮੈਨੂੰ ਉਹ ਸਾਰੇ ਵੇਲੇ ਸੋਹਣੇ ਲੱਗਦੇ ਹਨ ਉਹ ਸਾਰੇ ਵਕਤ ਸੋਹਣੇ ਲੱਗਦੇ ਹਨ,
4686	115	ਜਿਤੁ ਸਚਾ ਮੇਰੇ ਮਨਿ ਭਾਇਆ॥		Jith Sachaa Maerae Man Bhaaeiaa ||	When the True One becomes pleasing to my mind.	ਜਿਸ ਵੇਲੇ ਜਿਸ ਵਕਤ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਮੇਰੇ ਮਨ ਵਿਚ ਪਿਆਰਾ ਲੱਗੇ।
4687	115	ਸਚੇ ਸੇਵਿਐ ਸਚੁ ਵਡਿਆਈ ਗੁਰ ਕਿਰਪਾ ਤੇ ਸਚੁ ਪਾਵਣਿਆ॥੨॥		Sachae Saeviai Sach Vaddiaaee Gur Kirapaa Thae Sach Paavaniaa ||2||	Serving the True One, true greatness is obtained. By Guru's Grace, the True One is obtained. ||2||	ਸਦਾ-ਥਿਰ ਪ੍ਰਭੂ ਦਾ ਆਸਰਾ ਲਿਆਂ ਸਦਾ-ਥਿਰ ਪ੍ਰਭੂ ਦਾ ਨਾਮ (-ਰੂਪ) ਇੱਜ਼ਤ ਮਿਲਦੀ ਹੈ। ਗੁਰੂ ਦੀ ਕਿਰਪਾ ਨਾਲ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਨਾਮ ਹਾਸਲ ਹੋ ਜਾਂਦਾ ਹੈ ॥੨॥
4688	115	ਭਾਉ ਭੋਜਨੁ ਸਤਿਗੁਰਿ ਤੁਠੈ ਪਾਏ॥		Bhaao Bhojan Sathigur Thuthai Paaeae ||	The food of spiritual love is obtained when the True Guru is pleased.	ਜੇ ਗੁਰੂ ਪ੍ਰਸੰਨ ਹੋ ਜਾਏ, ਤਾਂ ਮਨੁੱਖ ਨੂੰ ਪਰਮਾਤਮਾ ਦਾ ਪ੍ਰੇਮ (ਆਤਮਕ ਜੀਵਨ ਵਾਸਤੇ) ਖ਼ੁਰਾਕ ਮਿਲ ਜਾਂਦੀ ਹੈ।
4689	115	ਅਨ ਰਸੁ ਚੂਕੈ ਹਰਿ ਰਸੁ ਮੰਨਿ ਵਸਾਏ॥		An Ras Chookai Har Ras Mann Vasaaeae ||	Other essences are forgotten, when the Lord's Essence comes to dwell in the mind	ਜੇਹੜਾ ਮਨੁੱਖ ਪਰਮਾਤਮਾ ਦੇ ਨਾਮ ਦਾ ਆਨੰਦ ਆਪਣੇ ਮਨ ਵਿਚ ਵਸਾਂਦਾ ਹੈ, ਉਸ ਦਾ ਦੁਨੀਆ ਦੇ ਪਦਾਰਥਾਂ ਦਾ ਚਸਕਾ ਮੁੱਕ ਜਾਂਦਾ ਹੈ।

4690	115	ਸਚੁ ਸੰਤੋਖੁ ਸਹਜ ਸੁਖੁ ਬਾਣੀ ਪੂਰੇ ਗੁਰ ਤੇ ਪਾਵਣਿਆ॥੩॥		Sach Santhokh Sehaj Sukh Baanee Poorae Gur Thae Paavaniaa ||3||	Truth, contentment and intuitive peace and poise are obtained from the Bani, the Word of the Perfect Guru. ||3||	ਉਹ ਸਤਿਗੁਰੂ ਦੀ ਬਾਣੀ ਵਿਚ ਜੁੜ ਕੇ ਪੂਰੇ ਗੁਰੂ ਪਾਸੋਂ ਪਰਮਾਤਮਾ ਦਾ ਸਦਾ-ਥਿਰ ਨਾਮ ਪ੍ਰਾਪਤ ਕਰਦਾ ਹੈ, ਸੰਤੋਖ ਅਤੇ ਆਤਮਕ ਅਡੋਲਤਾ ਦਾ ਆਨੰਦ ਹਾਸਲ ਕਰਦਾ ਹੈ ॥੩॥
4691	115	ਸਤਿਗੁਰੁ ਨ ਸੇਵਹਿ ਮੂਰਖ ਅੰਧ ਗਵਾਰਾ॥		Sathigur N Saevehi Moorakh Andhh Gavaaraa ||	The blind and ignorant fools do not serve the True Guru;	ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਮੂਰਖ ਗੰਵਾਰ ਬੰਦੇ ਗੁਰੂ ਦਾ ਆਸਰਾ-ਪਰਨਾ ਨਹੀਂ ਲੈਂਦੇ,
4692	115	ਫਿਰਿ ਓਇ ਕਿਥਹੁ ਪਾਇਨਿ ਮੋਖ ਦੁਆਰਾ॥		Fir Oue Kithhahu Paaein Mokh Dhuaaraa ||	How will they find the gate of salvation?	ਉਹ ਫਿਰ ਹੋਰ ਕਿਸੇ ਭੀ ਥਾਂ ਤੋਂ ਵਿਕਾਰਾਂ ਤੋਂ ਖ਼ਲਾਸੀ ਦਾ ਰਸਤਾ ਨਹੀਂ ਲੱਭ ਸਕਦੇ।
4693	115	ਮਰਿ ਮਰਿ ਜੰਮਹਿ ਫਿਰਿ ਫਿਰਿ ਆਵਹਿ ਜਮ ਦਰਿ ਚੋਟਾ ਖਾਵਣਿਆ॥੪॥		Mar Mar Janmehi Fir Fir Aavehi Jam Dhar Chottaa Khaavaniaa ||4||	They die and die, over and over again, only to be reborn, over and over again. They are struck down at Death's Door. ||4||	ਉਹ (ਇਸ ਤਰ੍ਹਾਂ) ਆਤਮਕ ਮੌਤ ਸਹੇੜ ਕੇ ਮੁੜ ਮੁੜ ਜੰਮਦੇ ਮਰਦੇ ਰਹਿੰਦੇ ਹਨ, ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ, ਤੇ ਜਮਰਾਜ ਦੇ ਦਰ ਤੇ ਸੱਟਾਂ ਖਾਂਦੇ ਰਹਿੰਦੇ ਹਨ ॥੪॥
4694	115	ਸਬਦੈ ਸਾਦੁ ਜਾਣਹਿ ਤਾ ਆਪੁ ਪਛਾਣਹਿ॥		Sabadhai Saadh Jaanehi Thaa Aap Pashhaanehi ||	Those who know the essence of the Shabad, understand their own selves.	ਜਦੋਂ ਕੋਈ (ਵਡ-ਭਾਗੀ ਬੰਦੇ) ਗੁਰੂ ਦੇ ਸ਼ਬਦ ਦਾ ਸੁਆਦ ਜਾਣ ਲੈਂਦੇ ਹਨ, ਤਦੋਂ ਉਹ ਆਪਣੇ ਆਤਮਕ ਜੀਵਨ ਨੂੰ ਪਛਾਣਦੇ ਹਨ (ਪਰਖਦੇ ਪੜਤਾਲਦੇ ਰਹਿੰਦੇ ਹਨ)।

4695	115	ਨਿਰਮਲ ਬਾਣੀ ਸਬਦਿ ਵਖਾਣਹਿ॥	(ਵਖਾਣਹਿ) ਸਿਮਰਦੇ	Niramal Baanee Sabadh Vakhaanehi ||	Immaculate is the speech of those who chant the Word of the Shabad.	ਗੁਰੂ ਦੀ ਪਵਿਤ੍ਰ ਬਾਣੀ ਦੀ ਰਾਹੀਂ ਗੁਰੂ ਦੇ ਸ਼ਬਦ ਦੀ ਰਾਹੀਂ ਉਹ ਪਰਮਾਤਮਾ ਦੀ ਸਿਫ਼ਤ-ਸਾਲਾਹ ਉਚਾਰਦੇ ਰਹਿੰਦੇ ਹਨ।
4696	115	ਸਚੇ ਸੇਵਿ ਸਦਾ ਸੁਖੁ ਪਾਇਨਿ ਨਉ ਨਿਧਿ ਨਾਮੁ ਮੰਨਿ ਵਸਾਵਣਿਆ॥੫॥		Sachae Saev Sadhaa Sukh Paaein No Nidhh Naam Mann Vasaavaniaa ||5||	Serving the True One, they find a lasting peace; they enshrine the nine treasures of the Naam within their minds. ||5||	ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਸਿਮਰਨ ਕਰਕੇ ਉਹ ਸਦਾ ਆਤਮਕ ਆਨੰਦ ਮਾਣਦੇ ਹਨ, ਤੇ ਪਰਮਾਤਮਾ ਦੇ ਨਾਮ ਨੂੰ ਉਹ ਆਪਣੇ ਮਨ ਵਿਚ (ਇਉਂ) ਵਸਾਂਦੇ ਹਨ (ਜਿਵੇਂ ਉਹ ਦੁਨੀਆ ਦੇ ਸਾਰੇ) ਨੌ ਖ਼ਜ਼ਾਨੇ (ਹੈ) ॥੫॥
4697	115	ਸੋ ਥਾਨੁ ਸੁਹਾਇਆ ਜੋ ਹਰਿ ਮਨਿ ਭਾਇਆ॥		So Thhaan Suhaaeiaa Jo Har Man Bhaaeiaa ||	Beautiful is that place, which is pleasing to the Lord's Mind.	(ਹੇ ਭਾਈ!) ਉਹ ਹਿਰਦਾ ਥਾਂ ਸੋਹਣਾ ਬਣ ਜਾਂਦਾ ਹੈ ਜੇਹੜਾ ਪਰਮਾਤਮਾ ਦੇ ਮਨ ਵਿਚ ਪਿਆਰਾ ਲੱਗਦਾ ਹੈ,
4698	115	ਸਤਸੰਗਤਿ ਬਹਿ ਹਰਿ ਗੁਣ ਗਾਇਆ॥		Sathasangath Behi Har Gun Gaaeiaa ||	There, sitting in the Sat Sangat, the True Congregation, the Glorious Praises of the Lord are sung.	(ਤੇ ਉਸੇ ਮਨੁੱਖ ਦਾ ਹਿਰਦਾ ਥਾਂ ਸੋਹਣਾ ਬਣਦਾ ਹੈ ਜਿਸ ਨੇ) ਸਾਧ ਸੰਗਤਿ ਵਿਚ ਬੈਠ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਏ ਹਨ।

4699	115	ਅਨ ਦਿਨੁ ਹਰਿ ਸਾਲਾਹਹਿ ਸਾਚਾ ਨਿਰਮਲ ਨਾਦੁ ਵਜਾਵਣਿਆ॥੬॥	ਸਾਲਾਹ-ਹਿ	Anadhin Har Saalaahehi Saachaa Niramal Naadh Vajaavaniaa ||6||	Night and day, the True One is praised; the Immaculate Sound-current of the Naad resounds there. ||6||	ਅਜੇਹੇ ਮਨੁੱਖ ਹਰ ਰੋਜ਼ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦੇ ਹਨ, ਸਿਫ਼ਤ-ਸਾਲਾਹ ਦਾ ਪਵਿਤ੍ਰ ਵਾਜਾ ਵਜਾਂਦੇ ਹਨ ॥੬॥
4700	116	ਮਨਮੁਖ ਖੋਟੀ ਰਾਸਿ ਖੋਟਾ ਪਾਸਾਰਾ॥	(ਰਾਸਿ) ਪੂੰਜੀ	Manamukh Khottee Raas Khottaa Paasaaraa ||	The wealth of the self-willed manmukhs is false, and false is their ostentatious display.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਉਹੀ ਪੂੰਜੀ ਜੋੜਦੇ ਹਨ, ਉਹੀ ਖਿਲਾਰਾ ਖਿਲਾਰਦੇ ਹਨ, ਜੇਹੜਾ ਰੱਬੀ ਟਕਸਾਲ ਵਿਚ ਖੋਟਾ ਮੰਨਿਆ ਜਾਂਦਾ ਹੈ।
4701	116	ਕੂੜੁ ਕਮਾਵਨਿ ਦੁਖੁ ਲਾਗੈ ਭਾਰਾ॥		Koorr Kamaavan Dhukh Laagai Bhaaraa ||	They practice falsehood, and suffer terrible pain.	ਉਹ ਨਿਰੀ ਨਾਸਵੰਤ ਕਮਾਈ ਹੀ ਕਰਦੇ ਹਨ ਤੇ ਬਹੁਤ ਆਤਮਕ ਦੁੱਖ ਕਲੇਸ਼ ਪਾਂਦੇ ਹਨ।
4702	116	ਭਰਮੇ ਭੂਲੇ ਫਿਰਨਿ ਦਿਨ ਰਾਤੀ ਮਰਿ ਜਨਮਹਿ ਜਨਮੁ ਗਵਾਵਣਿਆ॥੭॥		Bharamae Bhoolae Firan Dhin Raathee Mar Janamehi Janam Gavaavaniaa ||7||	Deluded by doubt, they wander day and night; through birth and death, they lose their lives. ||7||	ਉਹ ਮਾਇਆ ਦੀ ਭਟਕਣਾ ਵਿਚ ਪੈ ਕੇ ਦਿਨ ਰਾਤ ਕੁਰਾਹੇ ਫਿਰਦੇ ਰਹਿੰਦੇ ਹਨ, ਜਨਮ ਮਰਨ ਦੇ ਗੇੜ ਵਿਚ ਪੈਂਦੇ ਹਨ ਤੇ ਮਨੁੱਖਾ ਜਨਮ ਵਿਅਰਥ ਗਵਾ ਜਾਂਦੇ ਹਨ ॥੭॥
4703	116	ਸਚਾ ਸਾਹਿਬੁ ਮੈ ਅਤਿ ਪਿਆਰਾ॥	ਅਤਿ: ਪੋਲਾ ਬੋਲੋ	Sachaa Saahib Mai Ath Piaaraa ||	My True Lord and Master is very dear to me.	(ਹੇ ਭਾਈ!) ਸਦਾ-ਥਿਰ ਰਹਿਣ ਵਾਲਾ ਮਾਲਕ ਮੈਨੂੰ (ਹੁਣ) ਬਹੁਤ ਪਿਆਰਾ ਲੱਗਦਾ ਹੈ।

4704	116	ਪੂਰੇ ਗੁਰ ਕੈ ਸਬਦਿ ਅਧਾਰਾ॥	(ਅਧਾਰਾ) ਆਸਰਾ	Poorae Gur Kai Sabadh Adhhaaraa ||	The Shabad of the Perfect Guru is my Support.	ਪੂਰੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਮੈਂ ਉਸ ਮਾਲਕ ਨੂੰ (ਆਪਣੀ ਜ਼ਿੰਦਗੀ ਦਾ) ਆਸਰਾ ਬਣਾ ਲਿਆ ਹੈ।
4705	116	ਨਾਨਕ ਨਾਮਿ ਮਿਲੈ ਵਡਿਆਈ ਦੁਖੁ ਸੁਖੁ ਸਮ ਕਰਿ ਜਾਨਣਿਆ॥੮॥੧੦॥੧੧॥	(ਸਮ) ਬਰਾਬਰ	Naanak Naam Milai Vaddiaaee Dhukh Sukh Sam Kar Jaananiaa ||8||10||11||	O Nanak, one who obtains the Greatness of the Naam, looks upon pain and pleasure as one and the same. ||8||10||11||	ਹੇ ਨਾਨਕ! ਪ੍ਰਭੂ ਦੇ ਨਾਮ ਵਿਚ ਜੁੜਿਆਂ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ। ਪ੍ਰਭੂ-ਨਾਮ ਵਿਚ ਜੁੜਨ ਵਾਲੇ ਬੰਦੇ ਦੁਨੀਆ ਦੇ ਦੁੱਖ ਤੇ ਸੁਖ) ਨੂੰ ਇਕੋ ਜਿਹਾ ਜਾਣਦੇ ਹਨ ॥੮॥੧੦॥੧੧॥
4706	116	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
4707	116	ਤੇਰੀਆ ਖਾਣੀ ਤੇਰੀਆ ਬਾਣੀ॥		Thaereeaa Khaanee Thaereeaa Baanee ||	The four sources of creation are Yours; the spoken word is Yours.	ਹੇ ਪ੍ਰਭੂ! (ਅੰਡਜ ਜੇਰਜ ਸੇਤਜ ਉਤਭੁਜ-ਚੌਰਾਸੀ ਲੱਖ ਜੀਵਾਂ ਦੀ ਉਤਪੱਤੀ ਦੀਆਂ ਇਹ) ਖਾਣਾਂ ਤੇਰੀਆਂ ਹੀ ਬਣਾਈਆਂ ਹੋਈਆਂ ਹਨ। ਸਭ ਜੀਵਾਂ ਦੀ ਬਣਤਰ (ਰਚਨਾ) ਤੇਰੀ ਹੀ ਰਚੀ ਹੋਈ ਹੈ।
4708	116	ਬਿਨੁ ਨਾਵੈ ਸਭ ਭਰਮਿ ਭੁਲਾਣੀ॥		Bin Naavai Sabh Bharam Bhulaanee ||	Without the Name, all are deluded by doubt.	(ਪਰ, ਹੇ ਭਾਈ! ਉਸ ਰਚਨਹਾਰ ਪ੍ਰਭੂ ਦੇ) ਨਾਮ ਤੋਂ ਬਿਨਾ ਸਾਰੀ ਸ੍ਰਿਸ਼ਟੀ ਭਟਕਣਾ ਵਿਚ ਪੈ ਕੇ ਕੁਰਾਹੇ ਜਾ ਰਹੀ ਹੈ।

4709	116	ਗੁਰ ਸੇਵਾ ਤੇ ਹਰਿ ਨਾਮੁ ਪਾਇਆ ਬਿਨੁ ਸਤਿਗੁਰ ਕੋਇ ਨ ਪਾਵਣਿਆ॥੧॥		Gur Saevaa Thae Har Naam Paaeiaa Bin Sathigur Koe N Paavaniaa ||1||	Serving the Guru, the Lord's Name is obtained. Without the True Guru, no one can receive it. ||1||	ਪਰਮਾਤਮਾ ਦਾ ਨਾਮ ਗੁਰੂ ਦੀ ਦੱਸੀ ਸੇਵਾ ਕੀਤਿਆਂ ਮਿਲਦਾ ਹੈ। ਗੁਰੂ (ਦੀ ਸਰਨ) ਤੋਂ ਬਿਨਾ ਕੋਈ ਮਨੁੱਖ (ਪਰਮਾਤਮਾ ਦੀ ਭਗਤੀ) ਪ੍ਰਾਪਤ ਨਹੀਂ ਕਰ ਸਕਦਾ ॥੧॥
4710	116	ਹਉ ਵਾਰੀ ਜੀਉ ਵਾਰੀ ਹਰਿ ਸੇਤੀ ਚਿਤੁ ਲਾਵਣਿਆ॥		Ho Vaaree Jeeo Vaaree Har Saethee Chith Laavaniaa ||	I am a sacrifice, my soul is a sacrifice, to those who focus their consciousness on the Lord.	(ਹੇ ਭਾਈ!) ਮੈਂ ਉਹਨਾਂ (ਵਡ-ਭਾਗੀ ਬੰਦਿਆਂ ਤੋਂ) ਸਦਕੇ ਕੁਰਬਾਨ ਜਾਂਦਾ ਹਾਂ, ਜੇਹੜੇ ਪਰਮਾਤਮਾ (ਦੇ ਚਰਨਾਂ) ਨਾਲ ਆਪਣਾ ਚਿੱਤ ਜੋੜਦੇ ਹਨ।
4711	116	ਹਰਿ ਸਚਾ ਗੁਰ ਭਗਤੀ ਪਾਈਐ ਸਹਜੇ ਮੰਨਿ ਵਸਾਵਣਿਆ॥੧॥ਰਹਾਉ॥		Har Sachaa Gur Bhagathee Paaeeai Sehajae Mann Vasaavaniaa ||1|| Rehaao ||	Through devotion to the Guru, the True One is found; He comes to abide in the mind, with intuitive ease. ||1||Pause||	(ਪਰ) ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਗੁਰੂ ਉੱਤੇ ਸਰਧਾ ਰੱਖਿਆਂ ਹੀ ਮਿਲਦਾ ਹੈ। (ਜੇਹੜੇ ਮਨੁੱਖ ਗੁਰੂ ਉੱਤੇ ਸਰਧਾ ਬਣਾਂਦੇ ਹਨ ਉਹ) ਆਤਮਕ ਅਡੋਲਤਾ ਵਿਚ ਟਿਕ ਕੇ (ਪਰਮਾਤਮਾ ਦੇ ਨਾਮ ਨੂੰ ਆਪਣੇ) ਮਨ ਵਿਚ ਵਸਾਂਦੇ ਹਨ ॥੧॥ ਰਹਾਉ ॥
4712	116	ਸਤਿਗੁਰੁ ਸੇਵੇ ਤਾ ਸਭ ਕਿਛੁ ਪਾਏ॥		Sathigur Saevae Thaa Sabh Kishh Paaeae ||	Serving the True Guru, all things are obtained.	ਜੇ ਮਨੁੱਖ ਗੁਰੂ ਦਾ ਪੱਲਾ ਫੜੇ ਤਾਂ ਉਹ ਹਰੇਕ ਚੀਜ਼ ਪ੍ਰਾਪਤ ਕਰ ਲੈਂਦਾ ਹੈ।

4713	116	ਜੇਹੀ ਮਨਸਾ ਕਰਿ ਲਾਗੈ ਤੇਹਾ ਫਲੁ ਪਾਏ॥	(ਮਨਸਾ) ਇੱਛਾ	Jaehee Manasaa Kar Laagai Thaehaa Fal Paaeae ||	As are the desires one harbors, so are the rewards one receives.	ਮਨੁੱਖ ਜਿਹੋ ਜਿਹੀ ਕਾਮਨਾ ਮਨ ਵਿਚ ਧਾਰ ਕੇ (ਗੁਰੂ ਦੀ ਚਰਨੀਂ ਲੱਗਦਾ ਹੈ, ਉਹੋ ਜਿਹਾ ਫਲ ਪਾ ਲੈਂਦਾ ਹੈ।
4714	116	ਸਤਿਗੁਰੁ ਦਾਤਾ ਸਭਨਾ ਵਥੂ ਕਾ ਪੂਰੈ ਭਾਗਿ ਮਿਲਾਵਣਿਆ॥੨॥	(ਵੱਥੂ) ਵਸਤੂਆਂ	Sathigur Dhaathaa Sabhanaa Vathhoo Kaa Poorai Bhaag Milaavaniaa ||2||	The True Guru is the Giver of all things; through perfect destiny, He is met. ||2||	ਗੁਰੂ ਸਭ ਪਦਾਰਥਾਂ ਦਾ ਦੇਣ ਵਾਲਾ ਹੈ। (ਪਰਮਾਤਮਾ ਜੀਵ ਨੂੰ ਉਸ ਦੀ) ਪੂਰੀ ਕਿਸਮਤਿ ਦਾ ਸਦਕਾ (ਗੁਰੂ ਨਾਲ) ਮਿਲਾਂਦਾ ਹੈ ॥੨॥
4715	116	ਇਹੁ ਮਨੁ ਮੈਲਾ ਇਕੁ ਨ ਧਿਆਏ॥		Eihu Man Mailaa Eik N Dhhiaaeae ||	This mind is filthy and polluted; it does not meditate on the One.	(ਜਿਤਨਾ ਚਿਰ ਮਨੁੱਖ ਦਾ) ਇਹ ਮਨ (ਵਿਕਾਰਾਂ ਦੀ ਮੈਲ ਨਾਲ) ਮੈਲ਼ਾ (ਰਹਿੰਦਾ) ਹੈ, (ਤਦੋਂ ਤਕ ਮਨੁੱਖ) ਇਕ ਪਰਮਾਤਮਾ ਨੂੰ ਨਹੀਂ ਸਿਮਰਦਾ।
4716	116	ਅੰਤਰਿ ਮੈਲੁ ਲਾਗੀ ਬਹੁ ਦੂਜੈ ਭਾਏ॥		Anthar Mail Laagee Bahu Dhoojai Bhaaeae ||	Deep within, it is soiled and stained by the love of duality.	ਮਾਇਆ ਵਿਚ ਪਿਆਰ ਪਾਣ ਦੇ ਕਾਰਨ ਮਨੁੱਖ ਦੇ ਅੰਦਰ (ਮਨ ਵਿਚ ਵਿਕਾਰਾਂ ਦੀ) ਬਹੁਤ ਮੈਲ ਲੱਗੀ ਰਹਿੰਦੀ ਹੈ।

4717	116	ਤਟਿ ਤੀਰਥਿ ਦਿਸੰਤਰਿ ਭਵੈ ਅਹੰਕਾਰੀ ਹੋਰੁ ਵਧੇਰੈ ਹਉਮੈ ਮਲੁ ਲਾਵਣਿਆ॥੩॥	(ਤਟਿ) ਕਿਨਾਰੇ। (ਦਿਸੰਤਰਿ) ਪ੍ਰਦੇਸਾਂ ਚ (ਭਵੈ) ਭਟਕਦਾ ਫਿਰੇ। ਅਹੰ-ਕਾਰੀ	Thatt Theerathh Dhisanthar Bhavai Ahankaaree Hor Vadhhaerai Houmai Mal Laavaniaa ||3||	The egotists may go on pilgrimages to holy rivers, sacred shrines and foreign lands, but they only gather more of the dirt of egotism. ||3||	(ਅਜੇਹੇ ਜੀਵਨ ਵਾਲਾ ਮਨੁੱਖ ਕਿਸੇ) ਨਦੀ ਦੇ ਕੰਢੇ ਤੇ ਜਾਂਦਾ ਹੈ (ਕਿਸੇ) ਤੀਰਥ ਉੱਤੇ (ਭੀ) ਜਾਂਦਾ ਹੈ, (ਹੋਰ ਹੋਰ) ਦੇਸ ਵਿਚ ਭੀ ਭੌਂਦਾ ਹੈ (ਪਰ ਇਸ ਤਰ੍ਹਾਂ ਉਹ ਤੀਰਥ-ਜਾਤ੍ਰਾ ਆਦਿ ਦੇ ਮਾਣ ਨਾਲ) ਹੋਰ ਵਧੀਕ ਅਹੰਕਾਰੀ ਹੋ ਜਾਂਦਾ ਹੈ। ਉਹ ਆਪਣੇ ਅੰਦਰ ਵਧੇਰੀ ਹਉਮੈ ਦੀ ਮੈਲ ਇਕੱਠੀ ਕਰ ਲੈਂਦਾ ਹੈ ॥੩॥
4718	116	ਸਤਿਗੁਰੁ ਸੇਵੇ ਤਾ ਮਲੁ ਜਾਏ॥		Sathigur Saevae Thaa Mal Jaaeae ||	Serving the True Guru, filth and pollution are removed.	ਜਦੋਂ ਮਨੁੱਖ ਗੁਰੂ ਦੀ ਸਰਨ ਆਉਂਦਾ ਹੈ, ਤਦੋਂ (ਉਸ ਦੇ ਮਨ ਵਿਚੋਂ ਹਉਮੈ ਦੀ) ਮੈਲ ਦੂਰ ਹੋ ਜਾਂਦੀ ਹੈ।
4719	116	ਜੀਵਤੁ ਮਰੈ ਹਰਿ ਸਿਉ ਚਿਤੁ ਲਾਏ॥		Jeevath Marai Har Sio Chith Laaeae ||	Those who focus their consciousness on the Lord remain dead while yet alive.	ਉਹ ਦੁਨੀਆ ਦੇ ਕਾਰ-ਵਿਹਾਰ ਕਰਦਾ ਹੋਇਆ ਭੀ ਆਪਾ-ਭਾਵ ਤੋਂ ਮਰਿਆ ਰਹਿੰਦਾ ਹੈ, ਤੇ ਪਰਮਾਤਮਾ (ਦੇ ਚਰਨਾਂ) ਨਾਲ ਆਪਣਾ ਚਿੱਤ ਜੋੜੀ ਰੱਖਦਾ ਹੈ।

4720	116	ਹਰਿ ਨਿਰਮਲੁ ਸਚੁ ਮੈਲੁ ਨ ਲਾਗੈ ਸਚਿ ਲਾਗੈ ਮੈਲੁ ਗਵਾਵਣਿਆ॥੪॥		Har Niramal Sach Mail N Laagai Sach Laagai Mail Gavaavaniaa ||4||	The True Lord is Pure; no filth sticks to Him. Those who are attached to the True One have their filth washed away. ||4||	ਪਰਮਾਤਮਾ ਸਦਾ-ਥਿਰ ਰਹਿਣ ਵਾਲਾ ਹੈ, ਤੇ ਪਵਿਤ੍ਰ-ਸਰੂਪ ਹੈ, ਉਸ ਨੂੰ (ਹਉਮੈ ਆਦਿਕ ਵਿਕਾਰਾਂ ਦੀ) ਮੈਲ ਪੋਹ ਨਹੀਂ ਸਕਦੀ। ਜੇਹੜਾ ਮਨੁੱਖ ਉਸ ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਲੱਗਦਾ ਹੈ, ਉਹ (ਆਪਣੇ ਅੰਦਰੋਂ ਵਿਕਾਰਾਂ ਦੀ) ਮੈਲ਼ ਦੂਰ ਕਰ ਲੈਂਦਾ ਹੈ ॥੪॥
4721	116	ਬਾਝੁ ਗੁਰੂ ਹੈ ਅੰਧ ਗੁਬਾਰਾ॥	(ਬਾਝੁ) ਬਿਨਾ। (ਗੁਬਾਰਾ) ਹਨ੍ਹੇਰਾ	Baajh Guroo Hai Andhh Gubaaraa ||	Without the Guru, there is only pitch darkness.	ਗੁਰੂ ਤੋਂ ਬਿਨਾ (ਜਗਤ ਵਿਚ ਮਾਇਆ ਦੇ ਮੋਹ ਦਾ) ਘੁੱਪ ਹਨੇਰਾ ਪਿਆ ਰਹਿੰਦਾ ਹੈ।
4722	116	ਅਗਿਆਨੀ ਅੰਧਾ ਅੰਧੁ ਅੰਧਾਰਾ॥		Agiaanee Andhhaa Andhh Andhhaaraa ||	The ignorant ones are blind-there is only utter darkness for them.	ਗੁਰੂ ਦੇ ਗਿਆਨ ਤੋਂ ਸੱਖਣਾ ਮਨੁੱਖ (ਉਸ ਮੋਹ ਵਿਚ) ਅੰਨ੍ਹਾ ਹੋਇਆ ਰਹਿੰਦਾ ਹੈ।
4723	116	ਬਿਸਟਾ ਕੇ ਕੀੜੇ ਬਿਸਟਾ ਕਮਾਵਹਿ ਫਿਰਿ ਬਿਸਟਾ ਮਾਹਿ ਪਚਾਵਣਿਆ॥੫॥	(ਬਿਸਟਾ) ਗੰਦਗੀ	Bisattaa Kae Keerrae Bisattaa Kamaavehi Fir Bisattaa Maahi Pachaavaniaa ||5||	The maggots in manure do filthy deeds, and in filth they rot and putrefy. ||5||	(ਮੋਹ ਦੇ ਹਨੇਰੇ ਵਿਚ ਫਸੇ ਹੋਏ ਦੀ ਉਹੀ ਹਾਲਤ ਹੁੰਦੀ ਹੈ ਜਿਵੇਂ) ਗੰਦ ਦੇ ਕੀੜੇ ਗੰਦ (ਖਾਣ ਦੀ) ਕਮਾਈ ਹੀ ਕਰਦੇ ਹਨ ਤੇ ਫਿਰ ਗੰਦ ਵਿਚ ਹੀ ਦੁਖੀ ਹੁੰਦੇ ਰਹਿੰਦੇ ਹਨ ॥੫॥
4724	116	ਮੁਕਤੇ ਸੇਵੇ ਮੁਕਤਾ ਹੋਵੈ॥		Mukathae Saevae Mukathaa Hovai ||	Serving the Lord of Liberation, liberation is achieved.	ਜੇਹੜਾ ਮਨੁੱਖ (ਮਾਇਆ ਦੇ ਮੋਹ ਤੋਂ) ਮੁਕਤ (ਗੁਰੂ) ਦੀ ਸਰਨ ਲੈਂਦਾ ਹੈ, ਉਹ ਭੀ ਮਾਇਆ ਦੇ ਮੋਹ ਤੋਂ ਸੁਤੰਤਰ ਹੋ ਜਾਂਦਾ ਹੈ।

4725	116	ਹਉਮੈ ਮਮਤਾ ਸਬਦੇ ਖੋਵੈ॥		Houmai Mamathaa Sabadhae Khovai ||	The Word of the Shabad eradicates egotism and possessiveness.	ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ (ਆਪਣੇ ਅੰਦਰੋਂ) ਹਉਮੈ ਤੇ ਅਪਣੱਤ ਦੂਰ ਕਰ ਲੈਂਦਾ ਹੈ।
4726	116	ਅਨ ਦਿਨੁ ਹਰਿ ਜੀਉ ਸਚਾ ਸੇਵੀ ਪੂਰੈ ਭਾਗਿ ਗੁਰੁ ਪਾਵਣਿਆ॥੬॥		Anadhin Har Jeeo Sachaa Saevee Poorai Bhaag Gur Paavaniaa ||6||	So serve the Dear True Lord, night and day. By perfect good destiny, the Guru is found. ||6||	(ਗੁਰ-ਸਰਨ ਦੀ ਬਰਕਤਿ ਨਾਲ) ਉਹ ਹਰ ਰੋਜ਼ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰਦਾ ਹੈ। ਪਰ ਗੁਰੂ (ਭੀ) ਪੂਰੀ ਕਿਸਮਤਿ ਨਾਲ ਹੀ ਮਿਲਦਾ ਹੈ ॥੬॥
4727	116	ਆਪੇ ਬਖਸੇ ਮੇਲਿ ਮਿਲਾਏ॥		Aapae Bakhasae Mael Milaaeae ||	He Himself forgives and unites in His Union.	ਜਿਸ ਮਨੁੱਖ ਨੂੰ ਪ੍ਰਭੂ ਆਪ ਹੀ ਬਖ਼ਸ਼ਸ਼ ਕਰਦਾ ਹੈ ਤੇ ਗੁਰੂ-ਚਰਨਾਂ ਵਿਚ ਮਿਲਾਂਦਾ ਹੈ,
4728	116	ਪੂਰੇ ਗੁਰ ਤੇ ਨਾਮੁ ਨਿਧਿ ਪਾਏ॥		Poorae Gur Thae Naam Nidhh Paaeae ||	From the Perfect Guru, the Treasure of the Naam is obtained.	ਉਹ ਮਨੁੱਖ ਪੂਰੇ ਗੁਰੂ ਪਾਸੋਂ ਨਾਮ-ਖ਼ਜ਼ਾਨਾ ਹਾਸਲ ਕਰ ਲੈਂਦਾ ਹੈ।
4729	116	ਸਚੈ ਨਾਮਿ ਸਦਾ ਮਨੁ ਸਚਾ ਸਚੁ ਸੇਵੇ ਦੁਖੁ ਗਵਾਵਣਿਆ॥੭॥		Sachai Naam Sadhaa Man Sachaa Sach Saevae Dhukh Gavaavaniaa ||7||	By the True Name, the mind is made true forever. Serving the True Lord, sorrow is driven out. ||7||	ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਸਦਾ ਟਿਕੇ ਰਹਿਣ ਕਰਕੇ ਉਸ ਦਾ ਮਨ (ਵਿਕਾਰਾਂ ਵਲੋਂ) ਅਡੋਲ ਹੋ ਜਾਂਦਾ ਹੈ। ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਸਿਮਰਨ ਕਰ ਕੇ ਉਹ ਆਪਣਾ (ਹਰੇਕ ਕਿਸਮ ਦਾ) ਦੁੱਖ ਮਿਟਾ ਲੈਂਦਾ ਹੈ ॥੭॥
4730	116	ਸਦਾ ਹਜੂਰਿ ਦੂਰਿ ਨ ਜਾਣਹੁ॥		Sadhaa Hajoor Dhoor N Jaanahu ||	He is always close at hand-do not think that He is far away.	(ਹੇ ਭਾਈ!) ਪਰਮਾਤਮਾ ਸਦਾ (ਸਭ ਜੀਵਾਂ ਦੇ) ਅੰਗ-ਸੰਗ (ਵੱਸਦਾ) ਹੈ, ਉਸ ਨੂੰ ਆਪਣੇ ਤੋਂ ਦੂਰ ਵੱਸਦਾ ਨਾਹ ਸਮਝੋ।

4731	116	ਗੁਰ ਸਬਦੀ ਹਰਿ ਅੰਤਰਿ ਪਛਾਣਹੁ॥		Gur Sabadhee Har Anthar Pashhaanahu ||	Through the Word of the Guru's Shabad, recognize the Lord deep within your own being.	ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਪਰਮਾਤਮਾ ਨਾਲ ਆਪਣੇ ਹਿਰਦੇ ਵਿਚ ਜਾਣ-ਪਛਾਣ ਬਣਾਓ।
4732	116	ਨਾਨਕ ਨਾਮਿ ਮਿਲੈ ਵਡਿਆਈ ਪੂਰੇ ਗੁਰ ਤੇ ਪਾਵਣਿਆ॥੮॥੧੧॥੧੨॥		Naanak Naam Milai Vaddiaaee Poorae Gur Thae Paavaniaa ||8||11||12||	O Nanak, through the Naam, glorious greatness is received. Through the Perfect Guru, the Naam is obtained. ||8||11||12||	ਹੇ ਨਾਨਕ! ਪ੍ਰਭੂ ਦੇ ਨਾਮ ਵਿਚ ਜੁੜਿਆਂ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ, (ਪਰ ਪ੍ਰਭੂ ਦਾ ਨਾਮ) ਪੂਰੇ ਗੁਰੂ ਤੋਂ (ਹੀ) ਮਿਲਦਾ ਹੈ ॥੮॥੧੧॥੧੨॥
4733	116	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
4734	116	ਐਥੈ ਸਾਚੇ ਸੁ ਆਗੈ ਸਾਚੇ॥		Aithhai Saachae S Aagai Saachae ||	Those who are True here, are True hereafter as well.	(ਹੇ ਭਾਈ!) ਜੇਹੜੇ ਮਨੁੱਖ ਇਸ ਲੋਕ ਵਿਚ ਅਡੋਲ-ਚਿੱਤ ਰਹਿੰਦੇ ਹਨ, ਉਹ ਪਰਲੋਕ ਵਿਚ ਭੀ ਪ੍ਰਭੂ ਨਾਲ ਇਕ-ਮਿਕ ਹੋਏ ਰਹਿੰਦੇ ਹਨ।
4735	116	ਮਨੁ ਸਚਾ ਸਚੈ ਸਬਦਿ ਰਾਚੇ॥		Man Sachaa Sachai Sabadh Raachae ||	That mind is true, which is attuned to the True Shabad.	ਜੇਹੜੇ ਬੰਦੇ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਰਚੇ ਰਹਿੰਦੇ ਹਨ, ਉਹਨਾਂ ਦਾ ਮਨ ਅਡੋਲ ਹੋ ਜਾਂਦਾ ਹੈ।

4736	116	ਸਚਾ ਸੇਵਹਿ ਸਚੁ ਕਮਾਵਹਿ ਸਚੋ ਸਚੁ ਕਮਾਵਣਿਆ॥੧॥		Sachaa Saevehi Sach Kamaavehi Sacho Sach Kamaavaniaa ||1||	They serve the True One, and practice Truth; they earn Truth, and only Truth. ||1||	ਉਹ ਸਦਾ ਹੀ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰਦੇ ਹਨ, ਸਿਮਰਨ ਦੀ ਹੀ ਕਮਾਈ ਕਰਦੇ ਹਨ, ਸਦਾ-ਥਿਰ ਪ੍ਰਭੂ ਨੂੰ ਹੀ ਸਿਮਰਦੇ ਰਹਿੰਦੇ ਹਨ ॥੧॥
4737	116	ਹਉ ਵਾਰੀ ਜੀਉ ਵਾਰੀ ਸਚਾ ਨਾਮੁ ਮੰਨਿ ਵਸਾਵਣਿਆ॥		Ho Vaaree Jeeo Vaaree Sachaa Naam Mann Vasaavaniaa ||	I am a sacrifice, my soul is a sacrifice, to those whose minds are filled with the True Name.	ਮੈਂ ਉਹਨਾਂ ਤੋਂ ਸਦਕੇ ਕੁਰਬਾਨ ਹਾਂ, ਜੋ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਈ ਰੱਖਦੇ ਹਨ।
4738	116	ਸਚੇ ਸੇਵਹਿ ਸਚਿ ਸਮਾਵਹਿ ਸਚੇ ਕੇ ਗੁਣ ਗਾਵਣਿਆ॥੧॥ਰਹਾਉ॥		Sachae Saevehi Sach Samaavehi Sachae Kae Gun Gaavaniaa ||1|| Rehaao ||	They serve the True One, and are absorbed into the True One, singing the Glorious Praises of the True One. ||1||Pause||	ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰਦੇ ਹਨ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦੇ ਹਨ, ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦੇ ਹਨ ॥੧॥ ਰਹਾਉ ॥
4739	116	ਪੰਡਿਤ ਪੜਹਿ ਸਾਦੁ ਨ ਪਾਵਹਿ॥		Panddith Parrehi Saadh N Paavehi ||	The Pandits, the religious scholars read, but they do not taste the essence.	ਪੰਡਿਤ ਲੋਕ (ਵੇਦ ਆਦਿਕ ਧਰਮ-ਪੁਸਤਕਾਂ) ਪੜ੍ਹਦੇ (ਤਾਂ) ਹਨ (ਪਰ) ਆਤਮਕ ਆਨੰਦ ਨਹੀਂ ਮਾਣ ਸਕਦੇ।
4740	116	ਦੂਜੈ ਭਾਇ ਮਾਇਆ ਮਨੁ ਭਰਮਾਵਹਿ॥		Dhoojai Bhaae Maaeiaa Man Bharamaavehi ||	In love with duality and Maya, their minds wander, unfocused.	(ਕਿਉਂਕਿ) ਉਹ ਮਾਇਆ ਦੇ ਮੋਹ ਵਿਚ ਫਸ ਕੇ ਮਾਇਆ ਵਲ ਹੀ ਆਪਣੇ ਮਨ ਨੂੰ ਦੁੜਾਂਦੇ ਰਹਿੰਦੇ ਹਨ।

4741	116	ਮਾਇਆ ਮੋਹਿ ਸਭ ਸੁਧਿ ਗਵਾਈ ਕਰਿ ਅਵਗਣ ਪਛੋਤਾਵਣਿਆ॥੨॥		Maaeiaa Mohi Sabh Sudhh Gavaaee Kar Avagan Pashhothaavaniaa ||2||	The love of Maya has displaced all their understanding; making mistakes, they live in regret. ||2||	ਮਾਇਆ ਦੇ ਮੋਹ ਦੇ ਕਾਰਨ ਉਹਨਾਂ ਨੇ (ਉੱਚੇ ਆਤਮਕ ਜੀਵਨ ਬਾਰੇ) ਸਾਰੀ ਸੂਝ ਗਵਾ ਲਈ ਹੁੰਦੀ ਹੈ, (ਮਾਇਆ ਦੀ ਖ਼ਾਤਰ) ਔਗੁਣ ਕਰ ਕਰ ਕੇ ਪਛੁਤਾਂਦੇ ਰਹਿੰਦੇ ਹਨ ॥੨॥
4742	116	ਸਤਿਗੁਰੁ ਮਿਲੈ ਤਾ ਤਤੁ ਪਾਏ॥		Sathigur Milai Thaa Thath Paaeae ||	But if they should meet the True Guru, then they obtain the essence of reality;	ਜਦੋਂ ਮਨੁੱਖ ਨੂੰ ਗੁਰੂ ਮਿਲ ਪਏ ਤਾਂ ਉਹ ਅਸਲੀਅਤ ਸਮਝ ਲੈਂਦਾ ਹੈ,
4743	116	ਹਰਿ ਕਾ ਨਾਮੁ ਮੰਨਿ ਵਸਾਏ॥		Har Kaa Naam Mann Vasaaeae ||	The Name of the Lord comes to dwell in their minds.	ਉਹ ਪਰਮਾਤਮਾ ਦਾ ਨਾਮ (ਆਪਣੇ) ਮਨ ਵਿਚ ਵਸਾ ਲੈਂਦਾ ਹੈ।
4744	117	ਸਬਦਿ ਮਰੈ ਮਨੁ ਮਾਰੈ ਅਪੁਨਾ ਮੁਕਤੀ ਕਾ ਦਰੁ ਪਾਵਣਿਆ॥੩॥		Sabadh Marai Man Maarai Apunaa Mukathee Kaa Dhar Paavaniaa ||3||	Those who die in the Shabad and subdue their own minds, obtain the door of liberation. ||3||	ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ ਮਾਇਆ ਦੇ ਮੋਹ ਵਲੋਂ ਅਡੋਲ ਹੋ ਜਾਂਦਾ ਹੈ, ਆਪਣੇ ਮਨ ਨੂੰ ਕਾਬੂ ਕਰ ਲੈਂਦਾ ਹੈ, ਤੇ ਮੋਹ ਤੋਂ ਖ਼ਲਾਸੀ ਪਾਣ ਦਾ ਦਰਵਾਜ਼ਾ ਲੱਭ ਲੈਂਦਾ ਹੈ ॥੩॥
4745	117	ਕਿਲਵਿਖ ਕਾਟੈ ਕ੍ਰੋਧੁ ਨਿਵਾਰੇ॥		Kilavikh Kaattai Krodhh Nivaarae ||	They erase their sins, and eliminate their anger;	ਉਹ (ਮਨੁੱਖ ਆਪਣੇ ਅੰਦਰੋਂ) ਪਾਪ ਕੱਟ ਲੈਂਦਾ ਹੈ, ਕ੍ਰੋਧ ਦੂਰ ਕਰ ਲੈਂਦਾ ਹੈ,
4746	117	ਗੁਰ ਕਾ ਸਬਦੁ ਰਖੈ ਉਰ ਧਾਰੇ॥	(ਉਰ) ਹਿਰਦੇ	Gur Kaa Sabadh Rakhai Our Dhhaarae ||	They keep the Guru's Shabad clasped tightly to their hearts.	ਜੇਹੜਾ ਗੁਰੂ ਦਾ ਸ਼ਬਦ ਆਪਣੇ ਹਿਰਦੇ ਵਿਚ ਟਿਕਾ ਰੱਖਦਾ ਹੈ।

4747	117	ਸਚਿ ਰਤੇ ਸਦਾ ਬੈਰਾਗੀ ਹਉਮੈ ਮਾਰਿ ਮਿਲਾਵਣਿਆ॥੪॥		Sach Rathae Sadhaa Bairaagee Houmai Maar Milaavaniaa ||4||	Those who are attuned to Truth, remain balanced and detached forever. Subduing their egotism, they are united with the Lord. ||4||	ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ (ਦੇ ਪ੍ਰੇਮ-ਰੰਗ) ਵਿਚ ਰੰਗੇ ਰਹਿੰਦੇ ਹਨ, ਉਹ ਮਾਇਆ ਦੇ ਮੋਹ ਤੋਂ ਸਦਾ ਉਪਰਾਮ ਰਹਿੰਦੇ ਹਨ। ਉਹ (ਆਪਣੇ ਅੰਦਰੋਂ) ਹਉਮੈ ਮਾਰ ਕੇ (ਪ੍ਰਭੂ-ਚਰਨਾਂ ਵਿਚ) ਮਿਲੇ ਰਹਿੰਦੇ ਹਨ ॥੪॥
4748	117	ਅੰਤਰਿ ਰਤਨੁ ਮਿਲੈ ਮਿਲਾਇਆ॥		Anthar Rathan Milai Milaaeiaa ||	Deep within the nucleus of the self is the jewel; we receive it only if the Lord inspires us to receive it.	(ਹੇ ਭਾਈ! ਹਰੇਕ ਜੀਵ) ਦੇ ਅੰਦਰ (ਪ੍ਰਭੂ ਦੀ ਜੋਤਿ-) ਰਤਨ ਮੌਜੂਦ ਹੈ, ਪਰ ਇਹ ਰਤਨ ਤਦੋਂ ਹੀ ਮਿਲਦਾ ਹੈ ਜੇ (ਗੁਰੂ) ਮਿਲਾ ਦੇਵੇ।
4749	117	ਤ੍ਰਿਬਿਧਿ ਮਨਸਾ ਤ੍ਰਿਬਿਧਿ ਮਾਇਆ॥	ਤ੍ਰਿਬਿਧਿ: ਪੋਲਾ ਬੋਲੋ	Thribidhh Manasaa Thribidhh Maaeiaa ||	The mind is bound by the three dispositions- the three modes of Maya.	(ਮਨੁੱਖ ਆਪਣੇ ਉੱਦਮ ਸਿਆਣਪ ਨਾਲ ਹਾਸਲ ਨਹੀਂ ਕਰ ਸਕਦਾ, ਕਿਉਂਕਿ) ਤਿੰਨ ਗੁਣਾਂ ਵਾਲੀ ਮਾਇਆ ਦੇ ਪ੍ਰਭਾਵ ਹੇਠ ਮਨੁੱਖ ਦੀ ਮਨੋ ਕਾਮਨਾ ਤਿੰਨਾਂ ਗੁਣਾਂ ਅਨੁਸਾਰ (ਵੰਡੀ ਰਹਿੰਦੀ) ਹੈ।

4750	117	ਪੜਿ ਪੜਿ ਪੰਡਿਤ ਮੋਨੀ ਥਕੇ ਚਉਥੇ ਪਦ ਕੀ ਸਾਰ ਨ ਪਾਵਨਿਆ॥੫॥		Parr Parr Panddith Monee Thhakae Chouthhae Padh Kee Saar N Paavaniaa ||5||	Reading and reciting, the Pandits, the religious scholars, and the silent sages have grown weary, but they have not found the supreme essence of the fourth state. ||5||	ਪੰਡਿਤ ਤੇ ਹੋਰ ਸਿਆਣੇ ਸਮਾਧੀਆਂ ਲਾਣ ਵਾਲੇ (ਵੇਦ ਆਦਿਕ ਧਰਮ-ਪੁਸਤਕਾਂ) ਪੜ੍ਹ ਪੜ੍ਹ ਕੇ ਥੱਕ ਪੈਂਦੇ ਹਨ (ਪਰ ਤ੍ਰਿਗੁਣੀ ਮਾਇਆ ਦੇ ਪ੍ਰਭਾਵ ਦੇ ਕਾਰਨ) ਉਹ ਉਸ ਆਤਮਕ ਅਵਸਥਾ ਦੀ ਸੂਝ ਪ੍ਰਾਪਤ ਨਹੀਂ ਕਰ ਸਕਦੇ ਜੇਹੜੀ ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਤੋਂ ਉਤਾਂਹ ਟਿਕਾਈ ਰੱਖਦੀ ਹੈ ॥੫॥
4751	117	ਆਪੇ ਰੰਗੇ ਰੰਗੁ ਚੜਾਏ॥	ਚੜ੍ਹਾਏ	Aapae Rangae Rang Charraaeae ||	The Lord Himself dyes us in the color of His Love.	(ਹੇ ਭਾਈ! ਇਸ ਤ੍ਰਿਗੁਣੀ ਮਾਇਆ ਦੇ ਸਾਹਮਣੇ ਜੀਵਾਂ ਦੀ ਪੇਸ਼ ਨਹੀਂ ਜਾ ਸਕਦੀ, ਜੀਵਾਂ ਨੂੰ) ਪ੍ਰਭੂ ਆਪ ਹੀ (ਆਪਣੇ ਨਾਮ-ਰੰਗ ਵਿਚ) ਰੰਗਦਾ ਹੈ, ਆਪ ਹੀ (ਆਪਣਾ ਪ੍ਰੇਮ-) ਰੰਗ (ਜੀਵਾਂ ਦੇ ਹਿਰਦਿਆਂ ਉੱਤੇ) ਚਾੜ੍ਹਦਾ ਹੈ।
4752	117	ਸੇ ਜਨ ਰਾਤੇ ਗੁਰ ਸਬਦਿ ਰੰਗਾਏ॥		Sae Jan Raathae Gur Sabadh Rangaaeae ||	Only those who are steeped in the Word of the Guru's Shabad are so imbued with His Love.	ਜਿਨ੍ਹਾਂ ਮਨੁੱਖਾਂ ਨੂੰ ਪ੍ਰਭੂ ਗੁਰੂ ਦੇ ਸ਼ਬਦ ਵਿਚ ਰੰਗਦਾ ਹੈ, ਉਹ ਮਨੁੱਖ ਉਸ ਦੇ ਪ੍ਰੇਮ ਵਿਚ ਮਸਤ ਰਹਿੰਦੇ ਹਨ।

4753	117	ਹਰਿ ਰੰਗੁ ਚੜਿਆ ਅਤਿ ਅਪਾਰਾ ਹਰਿ ਰਸਿ ਰਸਿ ਗੁਣ ਗਾਵਣਿਆ॥੬॥		Har Rang Charriaa Ath Apaaraa Har Ras Ras Gun Gaavaniaa ||6||	Imbued with the most beautiful color of the Lord's Love, they sing the Glorious Praises of the Lord, with great pleasure and joy. ||6||	ਉਹਨਾਂ ਨੂੰ ਉਸ ਬੇਅੰਤ ਹਰੀ ਦਾ ਪ੍ਰੇਮ-ਰੰਗ ਬਹੁਤ ਚੜ੍ਹਿਆ ਰਹਿੰਦਾ ਹੈ। ਉਹ ਹਰੀ ਦੇ ਨਾਮ-ਰਸ ਵਿਚ (ਭਿੱਜ ਕੇ) ਆਤਮਕ ਆਨੰਦ ਨਾਲ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ ॥੬॥
4754	117	ਗੁਰਮੁਖਿ ਰਿਧਿ ਸਿਧਿ ਸਚੁ ਸੰਜਮੁ ਸੋਈ॥		Guramukh Ridhh Sidhh Sach Sanjam Soee ||	To the Gurmukh, the True Lord is wealth, miraculous spiritual powers and strict self-discipline.	ਜੇਹੜੇ ਮਨੁੱਖ ਗੁਰੂ ਦੇ ਸਨਮੁਖ ਰਹਿੰਦੇ ਹਨ, ਉਹਨਾਂ ਵਾਸਤੇ ਸਦਾ-ਥਿਰ ਪ੍ਰਭੂ (ਦਾ ਨਾਮ) ਹੀ ਰਿੱਧੀਆਂ ਸਿੱਧੀਆਂ ਤੇ ਸੰਜਮ ਹੈ।
4755	117	ਗੁਰਮੁਖਿ ਗਿਆਨੁ ਨਾਮਿ ਮੁਕਤਿ ਹੋਈ॥		Guramukh Giaan Naam Mukath Hoee ||	Through the spiritual wisdom of the Naam, the Name of the Lord, the Gurmukh is liberated.	ਗੁਰੂ ਦੇ ਸਨਮੁਖ ਰਹਿ ਕੇ ਉਹ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦੇ ਹਨ, ਪਰਮਾਤਮਾ ਦੇ ਨਾਮ ਵਿਚ ਲੀਨ ਹੋਣ ਕਰਕੇ ਉਹਨਾਂ ਨੂੰ ਮਾਇਆ ਦੇ ਮੋਹ ਤੋਂ) ਖ਼ਲਾਸੀ ਮਿਲੀ ਰਹਿੰਦੀ ਹੈ।
4756	117	ਗੁਰਮੁਖਿ ਕਾਰ ਸਚੁ ਕਮਾਵਹਿ ਸਚੇ ਸਚਿ ਸਮਾਵਣਿਆ॥੭॥		Guramukh Kaar Sach Kamaavehi Sachae Sach Samaavaniaa ||7||	The Gurmukh practices Truth, and is absorbed in the Truest of the True. ||7||	ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ (ਦੀ) ਕਾਰ (ਨਿੱਤ) ਕਰਦੇ ਹਨ, (ਇਸ ਤਰ੍ਹਾਂ) ਉਹ ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਹੀ ਸਦਾ ਲੀਨ ਰਹਿੰਦੇ ਹਨ ॥੭॥

4757	117	ਗੁਰਮੁਖਿ ਥਾਪੇ ਥਾਪਿ ਉਥਾਪੇ॥		Guramukh Thhaapae Thhaap Outhhaapae ||	The Gurmukh realizes that the Lord alone creates, and having created, He destroys.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਇਹ ਨਿਸਚਾ ਰੱਖਦਾ ਹੈ ਕਿ ਪ੍ਰਭੂ ਆਪ ਹੀ ਸ੍ਰਿਸ਼ਟੀ ਰਚਦਾ ਹੈ, ਰਚ ਕੇ ਆਪ ਹੀ ਇਸ ਦਾ ਨਾਸ ਕਰਦਾ ਹੈ।
4758	117	ਗੁਰਮੁਖਿ ਜਾਤਿ ਪਤਿ ਸਭੁ ਆਪੇ॥		Guramukh Jaath Path Sabh Aapae ||	To the Gurmukh, the Lord Himself is social class, status and all honor.	ਪਰਮਾਤਮਾ ਆਪ ਹੀ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਲਈ (ਉੱਚੀ) ਜਾਤਿ ਹੈ ਤੇ (ਲੋਕ ਪਰਲੋਕ ਦੀ) ਇੱਜ਼ਤ ਹੈ।
4759	117	ਨਾਨਕ ਗੁਰਮੁਖਿ ਨਾਮੁ ਧਿਆਏ ਨਾਮੇ ਨਾਮਿ ਸਮਾਵਣਿਆ॥੮॥੧੨॥੧੩॥		Naanak Guramukh Naam Dhhiaaeae Naamae Naam Samaavaniaa ||8||12||13||	O Nanak, the Gurmukhs meditate on the Naam; through the Naam, they merge in the Naam. ||8||12||13||	ਹੇ ਨਾਨਕ! ਗੁਰੂ ਦੇ ਆਸਰੇ ਰਹਿਣ ਵਾਲਾ ਮਨੁੱਖ (ਸਦਾ ਪ੍ਰਭੂ ਦਾ) ਨਾਮ ਸਿਮਰਦਾ ਹੈ, ਤੇ ਸਦਾ ਪ੍ਰਭੂ ਦੇ ਨਾਮ ਵਿਚ ਹੀ ਲੀਨ ਰਹਿੰਦਾ ਹੈ ॥੮॥੧੨॥੧੩॥
4760	117	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
4761	117	ਉਤਪਤਿ ਪਰਲਉ ਸਬਦੇ ਹੋਵੈ॥		Outhapath Paralo Sabadhae Hovai ||	Creation and destruction happen through the Word of the Shabad.	ਪਰਮਾਤਮਾ ਦੇ ਹੁਕਮ ਵਿਚ ਹੀ ਜਗਤ ਦੀ ਉਤਪੱਤੀ ਹੁੰਦੀ ਹੈ, ਤੇ ਜਗਤ ਦਾ ਨਾਸ ਹੁੰਦਾ ਹੈ।
4762	117	ਸਬਦੇ ਹੀ ਫਿਰਿ ਓਪਤਿ ਹੋਵੈ॥	(ਓਪਤਿ) ਉਤਪਤੀ	Sabadhae Hee Fir Oupath Hovai ||	Through the Shabad, creation happens again.	(ਨਾਸ ਤੋਂ ਪਿੱਛੋਂ) ਮੁੜ ਪ੍ਰਭੂ ਦੇ ਹੁਕਮ ਵਿਚ ਹੀ ਜਗਤ ਦੀ ਉਤਪੱਤੀ ਹੁੰਦੀ ਹੈ।

4763	117	ਗੁਰਮੁਖਿ ਵਰਤੈ ਸਭੁ ਆਪੇ ਸਚਾ ਗੁਰਮੁਖਿ ਉਪਾਇ ਸਮਾਵਣਿਆ॥੧॥		Guramukh Varathai Sabh Aapae Sachaa Guramukh Oupaae Samaavaniaa ||1||	The Gurmukh knows that the True Lord is all-pervading. The Gurmukh understands creation and merger. ||1||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੂੰ ਇਹ ਨਿਸਚਾ ਹੋ ਜਾਂਦਾ ਹੈ ਕਿ ਹਰੇਕ ਥਾਂ ਸਦਾ-ਥਿਰ ਪਰਮਾਤਮਾ ਆਪ ਹੀ ਮੌਜੂਦ ਹੈ, ਜਗਤ ਪੈਦਾ ਕਰ ਕੇ ਉਸ ਵਿਚ ਲੀਨ ਹੋ ਰਿਹਾ ਹੈ ॥੧॥
4764	117	ਹਉ ਵਾਰੀ ਜੀਉ ਵਾਰੀ ਗੁਰੁ ਪੂਰਾ ਮੰਨਿ ਵਸਾਵਣਿਆ॥		Ho Vaaree Jeeo Vaaree Gur Pooraa Mann Vasaavaniaa ||	I am a sacrifice, my soul is a sacrifice, to those who enshrine the Perfect Guru within their minds.	ਮੈਂ ਉਹਨਾਂ ਮਨੁੱਖਾਂ ਤੋਂ ਸਦਕੇ ਕੁਰਬਾਨ ਜਾਂਦਾ ਹਾਂ ਜੋ ਪੂਰੇ ਗੁਰੂ ਨੂੰ ਆਪਣੇ ਮਨ ਵਿਚ ਵਸਾਂਦੇ ਹਨ।
4765	117	ਗੁਰ ਤੇ ਸਾਤਿ ਭਗਤਿ ਕਰੇ ਦਿਨੁ ਰਾਤੀ ਗੁਣ ਕਹਿ ਗੁਣੀ ਸਮਾਵਣਿਆ॥੧॥ਰਹਾਉ॥	(ਸਾਤਿ) ਸੱਚ ਸਰੂਪ ਵਾਹਿਗੁਰੂ ਜੀ ਅਥਵਾ ਸ਼ਾਂਤੀ	Gur Thae Saath Bhagath Karae Dhin Raathee Gun Kehi Gunee Samaavaniaa ||1|| Rehaao ||	From the Guru comes peace and tranquility; worship Him with devotion, day and night. Chanting His Glorious Praises, merge into the Glorious Lord. ||1||Pause||	ਗੁਰੂ ਪਾਸੋਂ ਆਤਮਕ ਅਡੋਲਤਾ ਮਿਲਦੀ ਹੈ, (ਗੁਰੂ ਦੀ ਸਰਨ ਪੈ ਕੇ) ਮਨੁੱਖ ਦਿਨ ਰਾਤ ਪ੍ਰਭੂ ਦੀ ਭਗਤੀ ਕਰਦਾ ਹੈ, ਪ੍ਰਭੂ ਦੇ ਗੁਣ ਉਚਾਰ ਕੇ ਗੁਣਾਂ ਦੇ ਮਾਲਕ ਪ੍ਰਭੂ ਵਿਚ ਲੀਨ ਰਹਿੰਦਾ ਹੈ ॥੧॥ ਰਹਾਉ ॥
4766	117	ਗੁਰਮੁਖਿ ਧਰਤੀ ਗੁਰਮੁਖਿ ਪਾਣੀ॥		Guramukh Dhharathee Guramukh Paanee ||	The Gurmukh sees the Lord on the earth, and the Gurmukh sees Him in the water.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਜਾਣਦਾ ਹੈ,

4767	117	ਗੁਰਮੁਖਿ ਪਵਣੁ ਬੈਸੰਤਰੁ ਖੇਲੈ ਵਿਡਾਣੀ॥	(ਵਿਡਾਣੀ) ਅਸਚਰਜ। ਖੇਲੈ	Guramukh Pavan Baisanthar Khaelai Viddaanee ||	The Gurmukh sees Him in wind and fire; such is the wonder of His Play.	ਕਿ ਧਰਤੀ ਪਾਣੀ ਹਵਾ ਅੱਗ (-ਰੂਪ ਹੋ ਕੇ) ਪਰਮਾਤਮਾ (ਜਗਤ-ਰੂਪ) ਅਚਰਜ ਖੇਡ ਖੇਡ ਰਿਹਾ ਹੈ।
4768	117	ਸੋ ਨਿਗੁਰਾ ਜੋ ਮਰਿ ਮਰਿ ਜੰਮੈ ਨਿਗੁਰੇ ਆਵਣ ਜਾਵਣਿਆ॥੨॥		So Niguraa Jo Mar Mar Janmai Nigurae Aavan Jaavaniaa ||2||	One who has no Guru, dies over and over again, only to be re-born. One who has no Guru continues coming and going in reincarnation. ||2||	ਉਹ ਮਨੁੱਖ ਜੇਹੜਾ ਗੁਰੂ ਤੋਂ ਬੇਮੁਖ ਹੈ ਆਤਮਕ ਮੌਤ ਸਹੇੜ ਕੇ ਜੰਮਦਾ ਮਰਦਾ ਰਹਿੰਦਾ ਹੈ, ਨਿਗੁਰੇ ਨੂੰ ਜਨਮ ਮਰਨ ਦਾ ਗੇੜ ਪਿਆ ਰਹਿੰਦਾ ਹੈ ॥੨॥
4769	117	ਤਿਨਿ ਕਰਤੈ ਇਕੁ ਖੇਲੁ ਰਚਾਇਆ॥		Thin Karathai Eik Khael Rachaaeiaa ||	The One Creator has set this play in motion.	(ਹੇ ਭਾਈ!) ਉਸ ਕਰਤਾਰ ਨੇ (ਇਹ ਜਗਤ) ਇਕ ਤਮਾਸ਼ਾ ਰਚਿਆ ਹੋਇਆ ਹੈ।
4770	117	ਕਾਇਆ ਸਰੀਰੈ ਵਿਚਿ ਸਭੁ ਕਿਛੁ ਪਾਇਆ॥		Kaaeiaa Sareerai Vich Sabh Kishh Paaeiaa ||	In the frame of the human body, He has placed all things.	ਉਸ ਨੇ ਮਨੁੱਖਾ ਸਰੀਰ ਵਿਚ ਹਰੇਕ ਗੁਣ ਭਰ ਦਿੱਤਾ ਹੈ।

4771	117	ਸਬਦਿ ਭੇਦਿ ਕੋਈ ਮਹਲੁ ਪਾਏ ਮਹਲੇ ਮਹਲਿ ਬੁਲਾਵਣਿਆ॥੩॥	ਮਹ-ਲੁ, ਮਹ-ਲੇ, ਮਹ-ਲਿ: ਪੋਲੇ ਬੋਲੋ	Sabadh Bhaedh Koee Mehal Paaeae Mehalae Mehal Bulaavaniaa ||3||	Those few who are pierced through by the Word of the Shabad, obtain the Mansion of the Lord's Presence. He calls them into His Wondrous Palace. ||3||	ਜੇਹੜਾ ਕੋਈ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਆਪੇ ਦੀ) ਖੋਜ ਕਰ ਕੇ ਪਰਮਾਤਮਾ ਦੀ ਹਜ਼ੂਰੀ ਹਾਸਲ ਕਰ ਲੈਂਦਾ ਹੈ, ਪਰਮਾਤਮਾ ਉਸ ਨੂੰ ਆਪਣੀ ਹਜ਼ੂਰੀ ਵਿਚ ਹੀ ਟਿਕਾਈ ਰੱਖਦਾ ਹੈ ॥੩॥
4772	117	ਸਚਾ ਸਾਹੁ ਸਚੇ ਵਣਜਾਰੇ॥	(ਸਾਹੁ) ਸ਼ਾਹੂਕਾਰ ਵਾਹਿਗੁਰੂ ਜੀ। ਗੁਰਸਿੱਖੀ ਦੇ (ਵਣਜਾਰੇ) ਵਾਪਾਰੀ	Sachaa Saahu Sachae Vanajaarae ||	True is the Banker, and true are His traders.	ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਇਕ ਸਾਹੂਕਾਰ ਹੈ, (ਜਗਤ ਦੇ ਸਾਰੇ ਜੀਵ) ਉਸ ਸਦਾ-ਥਿਰ ਸ਼ਾਹ ਦੇ (ਭੇਜੇ ਹੋਏ) ਵਪਾਰੀ ਹਨ।
4773	117	ਸਚੁ ਵਣੰਜਹਿ ਗੁਰ ਹੇਤਿ ਅਪਾਰੇ॥	(ਵਣੰਜਹਿ) ਖਰੀਦਦੇ। (ਅਪਾਰੇ) ਬੇਅੰਤ (ਹੇਤਿ) ਪ੍ਰੇਮ ਚ	Sach Vananjehi Gur Haeth Apaarae ||	They purchase Truth, with infinite love for the Guru.	ਉਹੀ ਜੀਵ-ਵਣਜਾਰੇ ਸਦਾ-ਥਿਰ ਨਾਮ ਸੌਦਾ ਵਿਹਾਝਦੇ ਹਨ, ਜੇਹੜੇ ਬੇਅੰਤ-ਪ੍ਰਭੂ-ਦੇ ਰੂਪ ਗੁਰੂ ਦੇ ਪ੍ਰੇਮ ਵਿਚ ਟਿਕੇ ਰਹਿੰਦੇ ਹਨ।
4774	117	ਸਚੁ ਵਿਹਾਝਹਿ ਸਚੁ ਕਮਾਵਹਿ ਸਚੋ ਸਚੁ ਕਮਾਵਣਿਆ॥੪॥	(ਵਿਹਾਝਹਿ) ਖਰੀਦਦੇ	Sach Vihaajhehi Sach Kamaavehi Sacho Sach Kamaavaniaa ||4||	They deal in Truth, and they practice Truth. They earn Truth, and only Truth. ||4||	ਉਹ ਸਦਾ-ਥਿਰ ਰਹਿਣ ਵਾਲਾ ਨਾਮ ਵਿਹਾਝਦੇ ਹਨ, ਨਾਮ ਸਿਮਰਨ ਦੀ ਕਮਾਈ ਕਰਦੇ ਹਨ, ਸਦਾ ਟਿਕੇ ਰਹਿਣ ਵਾਲਾ ਨਾਮ ਹੀ ਨਾਮ ਕਮਾਂਦੇ ਰਹਿੰਦੇ ਹਨ ॥੪॥

4775	117	ਬਿਨੁ ਰਾਸੀ ਕੋ ਵਥੁ ਕਿਉ ਪਾਏ॥	(ਵੱਥੁ)ਵਸਤੂ ਨਾਮੁ	Bin Raasee Ko Vathh Kio Paaeae ||	Without investment capital, how can anyone acquire merchandise?	ਪਰ ਜਿਸ ਮਨੁੱਖ ਦੇ ਪੱਲੇ ਆਤਮਕ ਗੁਣਾਂ ਦਾ ਸਰਮਾਇਆ ਨਹੀਂ ਹੈ, ਉਹ ਨਾਮ-ਵੱਖਰ ਕਿਵੇਂ ਲੈ ਸਕਦਾ ਹੈ?
4776	117	ਮਨਮੁਖ ਭੂਲੇ ਲੋਕ ਸਬਾਏ॥	(ਸਬਾਏ) ਸਾਰੇ	Manamukh Bhoolae Lok Sabaaeae ||	The self-willed manmukhs have all gone astray.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਸਾਰੇ ਹੀ ਕੁਰਾਹੇ ਪਏ ਰਹਿੰਦੇ ਹਨ।
4777	117	ਬਿਨੁ ਰਾਸੀ ਸਭ ਖਾਲੀ ਚਲੇ ਖਾਲੀ ਜਾਇ ਦੁਖੁ ਪਾਵਣਿਆ॥੫॥	(ਰਾਸੀ) ਪੂੰਜੀ	Bin Raasee Sabh Khaalee Chalae Khaalee Jaae Dhukh Paavaniaa ||5||	Without true wealth, everyone goes empty-handed; going empty-handed, they suffer in pain. ||5||	ਆਤਮਕ ਗੁਣਾਂ ਦੇ ਸਰਮਾਏ ਤੋਂ ਬਿਨਾ ਸਭ ਜੀਵ (ਜਗਤ ਤੋਂ) ਖ਼ਾਲੀ-ਹੱਥ ਜਾਂਦੇ ਹਨ, ਖਾਲੀ-ਹੱਥ ਜਾ ਕੇ ਦੁੱਖ ਸਹਾਰਦੇ ਰਹਿੰਦੇ ਹਨ ॥੫॥
4778	117	ਇਕਿ ਸਚੁ ਵਣੰਜਹਿ ਗੁਰ ਸਬਦਿ ਪਿਆਰੇ॥		Eik Sach Vananjehi Gur Sabadh Piaarae ||	Some deal in Truth, through love of the Guru's Shabad.	ਜੇਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦੇ ਹਨ ਗੁਰੂ ਦੇ ਪਿਆਰ ਵਿਚ ਟਿਕੇ ਰਹਿੰਦੇ ਹਨ, ਉਹ ਸਦਾ-ਥਿਰ ਪ੍ਰਭੂ ਦਾ ਨਾਮ ਵਣਜਦੇ ਹਨ।
4779	117	ਆਪ ਤਰਹਿ ਸਗਲੇ ਕੁਲ ਤਾਰੇ॥		Aap Tharehi Sagalae Kul Thaarae ||	They save themselves, and save all their ancestors as well.	ਉਹ ਆਪਣੀਆਂ ਸਾਰੀਆਂ ਕੁਲਾਂ ਨੂੰ ਤਾਰ ਕੇ ਆਪ (ਭੀ) ਤਰ ਜਾਂਦੇ ਹਨ।
4780	117	ਆਏ ਸੇ ਪਰਵਾਣੁ ਹੋਏ ਮਿਲਿ ਪ੍ਰੀਤਮ ਸੁਖੁ ਪਾਵਣਿਆ॥੬॥		Aaeae Sae Paravaan Hoeae Mil Preetham Sukh Paavaniaa ||6||	Very auspicious is the coming of those who meet their Beloved and find peace. ||6||	ਜਗਤ ਵਿਚ ਆਏ ਉਹ ਮਨੁੱਖ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਹੋ ਜਾਂਦੇ ਹਨ, ਪ੍ਰੀਤਮ-ਪ੍ਰਭੂ ਨੂੰ ਮਿਲ ਕੇ ਉਹ ਆਤਮਕ ਆਨੰਦ ਮਾਣਦੇ ਹਨ ॥੬॥

4781	117	ਅੰਤਰਿ ਵਸਤੁ ਮੂੜਾ ਬਾਹਰੁ ਭਾਲੇ॥		Anthar Vasath Moorraa Baahar Bhaalae ||	Deep within the self is the secret, but the fool looks for it outside.	ਪਰਮਾਤਮਾ ਦਾ ਨਾਮ-ਪਦਾਰਥ ਹਰੇਕ ਮਨੁੱਖ ਦੇ ਹਿਰਦੇ ਵਿਚ ਹੈ, ਪਰ ਮੂਰਖ ਮਨੁੱਖ ਬਾਹਰਲਾ ਪਦਾਰਥ ਭਾਲਦਾ ਫਿਰਦਾ ਹੈ।
4782	117	ਮਨਮੁਖ ਅੰਧੇ ਫਿਰਹਿ ਬੇਤਾਲੇ॥	(ਬੇਤਾਲੇ) ਭੂਤਨੇ	Manamukh Andhhae Firehi Baethaalae ||	The blind self-willed manmukhs wander around like demons;	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ (ਤੇ ਬਾਹਰਲੇ ਪਦਾਰਥਾਂ ਦੇ ਮੋਹ ਵਿਚ) ਅੰਨ੍ਹੇ ਹੋਏ ਮਨੁੱਖ ਸਹੀ ਜੀਵਨ ਚਾਲ ਤੋਂ ਖੁੰਝੇ ਹੋਏ ਫਿਰਦੇ ਹਨ।
4783	117	ਜਿਥੈ ਵਥੁ ਹੋਵੈ ਤਿਥਹੁ ਕੋਇ ਨ ਪਾਵੈ ਮਨਮੁਖ ਭਰਮਿ ਭੁਲਾਵਣਿਆ॥੭॥	ਨਾਮ ਰੂਪੀ (ਵਥੁ) ਵਸਤੂ	Jithhai Vathh Hovai Thithhahu Koe N Paavai Manamukh Bharam Bhulaavaniaa ||7||	But where the secret is, there, they do not find it. The manmukhs are deluded by doubt. ||7||	ਜਿਸ (ਗੁਰੂ) ਦੇ ਪਾਸ ਇਹ ਨਾਮ-ਪਦਾਰਥ ਮੌਜੂਦ ਹੈ, ਕੋਈ (ਮਨਮੁਖ) ਉਥੋਂ ਪ੍ਰਾਪਤ ਨਹੀਂ ਕਰਦਾ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਤੁਰੇ ਫਿਰਦੇ ਹਨ ॥੭॥
4784	117	ਆਪੇ ਦੇਵੈ ਸਬਦਿ ਬੁਲਾਏ॥		Aapae Dhaevai Sabadh Bulaaeae ||	He Himself calls us, and bestows the Word of the Shabad.	(ਪਰ ਜੀਵਾਂ ਦੇ ਕੀਹ ਵੱਸ?) ਪਰਮਾਤਮਾ ਆਪ ਹੀ ਗੁਰੂ ਦੇ ਸ਼ਬਦ ਵਿਚ ਜੋੜ ਕੇ (ਇਹ ਨਾਮ ਵੱਥ) ਦੇਂਦਾ ਹੈ ਤੇ ਆਪ ਹੀ (ਜੀਵਾਂ ਨੂੰ ਆਪਣੇ ਨੇੜੇ) ਸੱਦਦਾ ਹੈ।
4785	117	ਮਹਲੀ ਮਹਲਿ ਸਹਜ ਸੁਖੁ ਪਾਏ॥		Mehalee Mehal Sehaj Sukh Paaeae ||	The soul-bride finds intuitive peace and poise in the Mansion of the Lord's Presence.	(ਜਿਸ ਨੂੰ ਸੱਦਦਾ ਹੈ ਉਹ) ਮਹਲ ਦੇ ਮਾਲਕ-ਪ੍ਰਭੂ ਦੀ ਹਜ਼ੂਰੀ ਵਿਚ (ਪਹੁੰਚ ਕੇ) ਆਤਮਕ ਅਡੋਲਤਾ ਦਾ ਆਨੰਦ ਮਾਣਦਾ ਹੈ।

4786	117	ਨਾਨਕ ਨਾਮਿ ਮਿਲੈ ਵਡਿਆਈ ਆਪੇ ਸੁਣਿ ਸੁਣਿ ਧਿਆਵਣਿਆ॥੮॥੧੩॥੧੪॥		Naanak Naam Milai Vaddiaaee Aapae Sun Sun Dhhiaavaniaa ||8||13||14||	O Nanak, she obtains the glorious greatness of the Naam; she hears it again and again, and she meditates on it. ||8||13||14||	ਹੇ ਨਾਨਕ! ਜੋ ਮਨੁੱਖ ਪ੍ਰਭੂ-ਨਾਮ ਵਿਚ ਜੁੜਦਾ ਹੈ, ਉਸ ਨੂੰ (ਪ੍ਰਭੂ ਦੀ ਦਰਗਾਹ ਵਿਚ) ਆਦਰ ਮਿਲਦਾ ਹੈ, (ਉਸ ਨੂੰ ਯਕੀਨ ਬਣ ਜਾਂਦਾ ਹੈ ਕਿ ਪ੍ਰਭੂ) ਆਪ ਹੀ (ਜੀਵਾਂ ਦੀ ਅਰਜ਼ੋਈ) ਸੁਣ ਸੁਣ ਕੇ ਆਪ ਹੀ ਉਹਨਾਂ ਦਾ ਧਿਆਨ ਰੱਖਦਾ ਹੈ ॥੮॥੧੩॥੧੪॥
4787	117	ਮਾਂਝ ਮਹਲਾ ੩॥		Maajh Mehalaa 3 ||	Maajh, Third Mehl:	
4788	117	ਸਤਿਗੁਰ ਸਾਚੀ ਸਿਖ ਸੁਣਾਈ॥	(ਸਿਖ) ਸਾਖੀ	Sathigur Saachee Sikh Sunaaee ||	The True Guru has imparted the True Teachings.	(ਹੇ ਭਾਈ! ਮੈਂ ਤੈਨੂੰ) ਗੁਰੂ ਦੀ ਸਦਾ ਅਟੱਲ ਰਹਿਣ ਵਾਲੀ ਸਿੱਖਿਆ ਸੁਣਾਈ ਹੈ (ਕਿ)
4789	118	ਹਰਿ ਚੇਤਹੁ ਅੰਤਿ ਹੋਇ ਸਖਾਈ॥	(ਚੇਤਹੁ) ਸਿਮਰੋ ਯਾਦ ਕਰੋ। (ਸਖਾਈ) ਸਹਾਇਕ	Har Chaethahu Anth Hoe Sakhaaee ||	Think of the Lord, who shall be your Help and Support in the end.	ਪਰਮਾਤਮਾ ਦਾ ਚਿੰਤਨ ਕਰਦਾ ਰਹੁ (ਜਦੋਂ ਹੋਰ ਸਾਰੇ ਸਾਥ ਮੁੱਕ ਜਾਂਦੇ ਹਨ ਤਦੋਂ) ਅੰਤ ਵੇਲੇ (ਪ੍ਰਭੂ ਦਾ ਨਾਮ ਹੀ) ਸਾਥੀ ਬਣਦਾ ਹੈ।
4790	118	ਹਰਿ ਅਗਮੁ ਅਗੋਚਰੁ ਅਨਾਥੁ ਅਜੋਨੀ ਸਤਿਗੁਰ ਕੈ ਭਾਇ ਪਾਵਣਿਆ॥੧॥	ਆਪ (ਅਨਾਥੁ) (ਅ+ਨਾਥ) ਮਾਲਕ ਤੋਂ(ਅ) ਰਹਿਤ, ਭਾਵ ਉਨ੍ਹਾਂ ਦਾ ਕੋਈ ਨਾਥ ਨਹੀਂ। (ਭਾਇ) ਪ੍ਰੇਮ	Har Agam Agochar Anaathh Ajonee Sathigur Kai Bhaae Paavaniaa ||1||	The Lord is Inaccessible and Incomprehensible. He has no master, and He is not born. He is obtained through love of the True Guru. ||1||	ਉਹ ਪਰਮਾਤਮਾ (ਉੱਥੇ ਤਾਂ) ਅਪਹੁੰਚ ਹੈ, ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਉਸ ਤਕ ਪਹੁੰਚ ਨਹੀਂ ਹੋ ਸਕਦੀ। ਉਸ ਪ੍ਰਭੂ ਦੇ ਸਿਰ ਤੇ ਹੋਰ ਕੋਈ ਮਾਲਕ ਨਹੀਂ, ਉਹ ਜੂਨਾਂ ਵਿਚ ਨਹੀਂ ਪੈਂਦਾ, ਗੁਰੂ ਦੇ ਅਨੁਸਾਰ ਹੋ ਕੇ ਤੁਰਿਆਂ ਉਸ ਨੂੰ ਮਿਲ ਸਕੀਦਾ ਹੈ ॥੧॥

4791	118	ਹਉ ਵਾਰੀ ਜੀਉ ਵਾਰੀ ਆਪੁ ਨਿਵਾਰਣਿਆ॥	ਜੋ (ਆਪੁ) ਹੰਕਾਰ (ਨਿਵਾਰਣਿਆ) ਦੂਰ ਕਰਦੇ ਹਨ	Ho Vaaree Jeeo Vaaree Aap Nivaaraniaa ||	I am a sacrifice, my soul is a sacrifice, to those who eliminate selfishness and conceit.	ਮੈਂ ਸਦਕੇ ਕੁਰਬਾਨ ਹਾਂ ਉਹਨਾਂ ਤੋਂ, ਜੇਹੜੇ ਆਪਾ-ਭਾਵ ਦੂਰ ਕਰਦੇ ਹਨ।
4792	118	ਆਪੁ ਗਵਾਏ ਤਾ ਹਰਿ ਪਾਏ ਹਰਿ ਸਿਉ ਸਹਜਿ ਸਮਾਵਣਿਆ॥੧॥ਰਹਾਉ॥		Aap Gavaaeae Thaa Har Paaeae Har Sio Sehaj Samaavaniaa ||1|| Rehaao ||	They eradicate selfishness and conceit, and then find the Lord; they are intuitively immersed in the Lord. ||1||Pause||	ਜਦੋਂ ਮਨੁੱਖ ਆਪਾ-ਭਾਵ ਦੂਰ ਕਰਦਾ ਹੈ, ਤਾਂ ਪਰਮਾਤਮਾ ਨੂੰ ਮਿਲ ਪੈਂਦਾ ਹੈ, ਪਰਮਾਤਮਾ ਨਾਲ (ਮਿਲ ਕੇ) ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ॥੧॥ ਰਹਾਉ ॥
4793	118	ਪੂਰਬਿ ਲਿਖਿਆ ਸੁ ਕਰਮੁ ਕਮਾਇਆ॥		Poorab Likhiaa S Karam Kamaaeiaa ||	According to their pre-ordained destiny, they act out their karma.	(ਪਰ ਇਹ ਆਪਾ-ਭਾਵ ਦੂਰ ਕਰਨ ਦਾ) ਸ੍ਰੇਸ਼ਟ ਕੰਮ ਉਹ ਮਨੁੱਖ (ਹੀ) ਕਰਦਾ ਹੈ, ਜਿਸ ਦੇ ਅੰਦਰ ਪੂਰਬਲੇ ਜਨਮ ਵਿਚ ਕੀਤੇ ਕਰਮਾਂ ਅਨੁਸਾਰ ਆਪਾ-ਭਾਵ ਦੂਰ ਕਰਨ ਦੇ ਸੰਸਕਾਰਾਂ ਦਾ ਲੇਖ ਮੌਜੂਦ ਹੋਵੇ।
4794	118	ਸਤਿਗੁਰੁ ਸੇਵਿ ਸਦਾ ਸੁਖੁ ਪਾਇਆ॥		Sathigur Saev Sadhaa Sukh Paaeiaa ||	Serving the True Guru, a lasting peace is found.	ਉਹ ਮਨੁੱਖ ਗੁਰੂ ਦੀ ਸਰਨ ਪੈ ਕੇ ਸਦਾ ਆਤਮਕ ਆਨੰਦ ਮਾਣਦਾ ਹੈ।

4795	118	ਬਿਨੁ ਭਾਗਾ ਗੁਰੁ ਪਾਈਐ ਨਾਹੀ ਸਬਦੈ ਮੇਲਿ ਮਿਲਾਵਣਿਆ॥੨॥	ਭਾਗਾਂ	Bin Bhaagaa Gur Paaeeai Naahee Sabadhai Mael Milaavaniaa ||2||	Without good fortune, the Guru is not found. Through the Word of the Shabad, they are united in the Lord's Union. ||2||	ਗੁਰੂ ਭੀ ਪੂਰੀ ਕਿਸਮਤ ਤੋਂ ਬਿਨਾ ਨਹੀਂ ਮਿਲਦਾ। (ਜਿਸ ਨੂੰ ਗੁਰੂ ਮਿਲ ਪੈਂਦਾ ਹੈ ਉਸ ਨੂੰ ਗੁਰੂ ਆਪਣੇ) ਸ਼ਬਦ ਦੀ ਰਾਹੀਂ ਪਰਮਾਤਮਾ ਦੇ ਮਿਲਾਪ ਵਿਚ ਮਿਲਾ ਦੇਂਦਾ ਹੈ ॥੨॥
4796	118	ਗੁਰਮੁਖਿ ਅਲਿਪਤੁ ਰਹੈ ਸੰਸਾਰੇ॥	(ਅ-ਲਿਪਤੁ) ਨਿਰਲੇਪ	Guramukh Alipath Rehai Sansaarae ||	The Gurmukhs remain unaffected in the midst of the world.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਜਗਤ ਵਿਚ ਗੁਰੂ ਦਾ ਸਹਾਰਾ ਲੈ ਕੇ ਨਿਰਮੋਹ ਰਹਿੰਦਾ ਹੈ।
4797	118	ਗੁਰ ਕੈ ਤਕੀਐ ਨਾਮਿ ਅਧਾਰੇ॥	(ਤਕੀਐ) ਸਹਾਰੇ। ਸਭ ਕੁਝ ਨਾਮਿ ਦੇ (ਅਧਾਰੇ) ਆਸਰੇ ਭਰੋਸੇ	Gur Kai Thakeeai Naam Adhhaarae ||	The Guru is their cushion, and the Naam, the Name of the Lord, is their Support.	ਗੁਰੂ ਦਾ ਆਸਰਾ ਲੈ ਕੇ ਪ੍ਰਭੂ ਦੇ ਨਾਮ ਦੀ ਰਾਹੀਂ (ਅਜਿਹਾ ਸੰਭਵ ਹੈ।)
4798	118	ਗੁਰਮੁਖਿ ਜੋਰੁ ਕਰੈ ਕਿਆ ਤਿਸ ਨੋ ਆਪੇ ਖਪਿ ਦੁਖੁ ਪਾਵਣਿਆ॥੩॥		Guramukh Jor Karae Kiaa This No Aapae Khap Dhukh Paavaniaa ||3||	Who can oppress the Gurmukh? One who tries shall perish, writhing in pain. ||3||	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਸ ਉੱਤੇ ਕੋਈ ਹੋਰ ਮਨੁੱਖ ਦਬਾਉ ਨਹੀਂ ਪਾ ਸਕਦਾ, ਉਹ ਸਗੋਂ ਆਪ ਹੀ ਖ਼ੁਆਰ ਹੋ ਕੇ ਦੁੱਖ ਸਹਾਰਦਾ ਹੈ ॥੩॥
4799	118	ਮਨਮੁਖਿ ਅੰਧੇ ਸੁਧਿ ਨ ਕਾਈ॥		Manamukh Andhhae Sudhh N Kaaee ||	The blind self-willed manmukhs have no understanding at all.	ਜੇਹੜਾ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ, ਜੇਹੜਾ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਰਹਿੰਦਾ ਹੈ ਉਸ ਨੂੰ (ਇਹ ਆਪਾ-ਭਾਵ ਨਿਵਾਰਨ ਦੀ) ਕੋਈ ਸੁਝ ਨਹੀਂ ਪੈਂਦੀ।

4800	118	ਆਤਮਘਾਤੀ ਹੈ ਜਗਤੁ ਕਸਾਈ॥	ਜੱਗ-ਤੁ	Aatham Ghaathee Hai Jagath Kasaaee ||	They are the assassins of the self, and the butchers of the world.	(ਇਸ ਤਰ੍ਹਾਂ ਉਹ) ਆਪਣਾ ਆਤਮਕ ਜੀਵਨ (ਭੀ) ਤਬਾਹ ਕਰ ਲੈਂਦਾ ਹੈ ਤੇ ਜਗਤ ਦਾ ਵੈਰੀ (ਭੀ ਬਣਿਆ ਰਹਿੰਦਾ ਹੈ)।
4801	118	ਨਿੰਦਾ ਕਰਿ ਕਰਿ ਬਹੁ ਭਾਰੁ ਉਠਾਵੈ ਬਿਨੁ ਮਜੂਰੀ ਭਾਰੁ ਪਹੁਚਾਵਣਿਆ॥੪॥		Nindhaa Kar Kar Bahu Bhaar Outhaavai Bin Majooree Bhaar Pahuchaavaniaa ||4||	By continually slandering others, they carry a terrible load, and they carry the loads of others for nothing. ||4||	ਉਹ ਹੋਰਨਾਂ ਦੀ ਨਿੰਦਾ ਕਰ ਕਰ ਕੇ ਆਪਣੇ ਸਿਰ ਉੱਤੇ (ਵਿਕਾਰਾਂ ਦਾ) ਬਹੁਤ ਭਾਰ ਚੁੱਕੀ ਜਾਂਦਾ ਹੈ (ਉਹ ਮਨਮੁਖ ਉਸ ਮਜ਼ੂਰ ਵਾਂਗ ਸਮਝੋ ਜੋ) ਭਾੜਾ ਲੈਣ ਤੋਂ ਬਿਨਾ ਹੀ ਦੂਜਿਆਂ ਦਾ ਭਾਰ (ਚੁੱਕ ਚੁੱਕ ਕੇ) ਅਪੜਾਂਦਾ ਰਹਿੰਦਾ ਹੈ ॥੪॥
4802	118	ਇਹੁ ਜਗੁ ਵਾੜੀ ਮੇਰਾ ਪ੍ਰਭੁ ਮਾਲੀ॥		Eihu Jag Vaarree Maeraa Prabh Maalee ||	This world is a garden, and my Lord God is the Gardener.	(ਪਰ ਹੇ ਭਾਈ! ਜੀਵਾਂ ਦੇ ਕੀਹ ਵੱਸ?) ਇਹ ਜਗਤ ਫੁੱਲਾਂ ਦੀ ਬਗ਼ੀਚੀ ਦੇ (ਸਮਾਨ) ਹੈ, ਪ੍ਰਭੂ ਆਪ (ਇਸ ਬਗ਼ੀਚੀ ਦਾ) ਮਾਲੀ ਹੈ।
4803	118	ਸਦਾ ਸਮਾਲੇ ਕੋ ਨਾਹੀ ਖਾਲੀ॥		Sadhaa Samaalae Ko Naahee Khaalee ||	He always takes care of it-nothing is exempt from His Care.	ਹਰੇਕ ਦੀ ਸਦਾ ਸੰਭਾਲ ਕਰਦਾ ਹੈ, ਉਸ ਦੀ ਸੰਭਾਲ ਤੋਂ ਕੋਈ ਜੀਵ ਵਿਰਵਾ ਨਹੀਂ ਰਹਿੰਦਾ।

4804	118	ਜੇਹੀ ਵਾਸਨਾ ਪਾਏ ਤੇਹੀ ਵਰਤੈ ਵਾਸੂ ਵਾਸੁ ਜਣਾਵਣਿਆ॥੫॥		Jaehee Vaasanaa Paaeae Thaehee Varathai Vaasoo Vaas Janaavaniaa ||5||	As is the fragrance which He bestows, so is the fragrant flower known. ||5||	(ਪਰ) ਜਿਹੋ ਜਿਹੀ ਸੁਗੰਧੀ (ਜੀਵ ਫੁੱਲ ਦੇ ਅੰਦਰ) ਮਾਲੀ ਪ੍ਰਭੂ ਪਾਂਦਾ ਹੈ ਉਹੋ ਜਿਹੀ ਉਸ ਦੇ ਅੰਦਰ ਕੰਮ ਕਰਦੀ ਹੈ। (ਪ੍ਰਭੂ ਮਾਲੀ ਵਲੋਂ ਜੀਵ ਫੁੱਲ ਦੇ ਅੰਦਰ ਪਾਈ) ਸੁਗੰਧੀ ਤੋਂ ਹੀ ਬਾਹਰ ਉਸ ਦੀ ਸੁਗੰਧੀ ਪਰਗਟ ਹੁੰਦੀ ਹੈ ॥੫॥
4805	118	ਮਨਮੁਖੁ ਰੋਗੀ ਹੈ ਸੰਸਾਰਾ॥		Manamukh Rogee Hai Sansaaraa ||	The self-willed manmukhs are sick and diseased in the world.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਜਗਤ (ਵਿਕਾਰਾਂ ਵਿਚ ਪੈ ਕੇ) ਰੋਗੀ ਹੋ ਰਿਹਾ ਹੈ,
4806	118	ਸੁਖਦਾਤਾ ਵਿਸਰਿਆ ਅਗਮ ਅਪਾਰਾ॥		Sukhadhaathaa Visariaa Agam Apaaraa ||	They have forgotten the Giver of peace, the Unfathomable, the Infinite.	(ਕਿਉਂਕਿ) ਇਸ ਨੂੰ ਸੁਖਾਂ ਦਾ ਦੇਣ ਵਾਲਾ ਅਪੁਹੰਚ ਤੇ ਬੇਅੰਤ ਪ੍ਰਭੂ ਭੁੱਲ ਗਿਆ ਹੈ।
4807	118	ਦੁਖੀਏ ਨਿਤਿ ਫਿਰਹਿ ਬਿਲਲਾਦੇ ਬਿਨੁ ਗੁਰ ਸਾਂਤਿ ਨ ਪਾਵਣਿਆ॥੬॥		Dhukheeeae Nith Firehi Bilalaadhae Bin Gur Saanth N Paavaniaa ||6||	These miserable people wander endlessly, crying out in pain; without the Guru, they find no peace. ||6||	ਮਨਮੁਖ ਜੀਵ ਦੁਖੀ ਹੋ ਹੋ ਕੇ ਤਰਲੇ ਲੈਂਦੇ ਫਿਰਦੇ ਹਨ, ਗੁਰੂ ਦੀ ਸਰਨ ਤੋਂ ਬਿਨਾ ਉਹਨਾਂ ਨੂੰ ਆਤਮਕ ਅਡੋਲਤਾ ਪ੍ਰਾਪਤ ਨਹੀਂ ਹੋ ਸਕਦੀ ॥੬॥
4808	118	ਜਿਨਿ ਕੀਤੇ ਸੋਈ ਬਿਧਿ ਜਾਣੈ॥		Jin Keethae Soee Bidhh Jaanai ||	The One who created them, knows their condition.	ਜਿਸ ਪਰਮਾਤਮਾ ਨੇ ਜੀਵ ਪੈਦਾ ਕੀਤੇ ਹਨ, ਉਹੀ ਇਹਨਾਂ ਨੂੰ ਨਰੋਆ ਕਰਨ ਦਾ ਢੰਗ ਜਾਣਦਾ ਹੈ।

4809	118	ਆਪਿ ਕਰੇ ਤਾ ਹੁਕਮਿ ਪਛਾਣੈ॥		Aap Karae Thaa Hukam Pashhaanai ||	And if He inspires them, then they realize the Hukam of His Command.	ਜਦੋਂ ਕਿਸੇ ਨੂੰ ਨਰੋਆ ਕਰ ਦੇਂਦਾ ਹੈ ਤਾਂ ਉਹ ਪ੍ਰਭੂ ਦੇ ਹੁਕਮ ਵਿਚ ਰਹਿ ਕੇ ਉਸ ਨਾਲ ਸਾਂਝ ਪਾਂਦਾ ਹੈ।
4810	118	ਜੇਹਾ ਅੰਦਰਿ ਪਾਏ ਤੇਹਾ ਵਰਤੈ ਆਪੇ ਬਾਹਰਿ ਪਾਵਣਿਆ॥੭॥		Jaehaa Andhar Paaeae Thaehaa Varathai Aapae Baahar Paavaniaa ||7||	Whatever He places within them, that is what prevails, and so they outwardly appear. ||7||	ਜਿਹੋ ਜਿਹਾ ਆਤਮਕ ਜੀਵਨ ਪਰਮਾਤਮਾ ਕਿਸੇ ਜੀਵ ਦੇ ਅੰਦਰ ਟਿਕਾਂਦਾ ਹੈ, ਉਸੇ ਤਰ੍ਹਾਂ ਉਹ ਜੀਵ ਵਰਤੋਂ-ਵਿਹਾਰ ਕਰਦਾ ਹੈ। ਪ੍ਰਭੂ ਆਪ ਹੀ ਜੀਵਾਂ ਨੂੰ ਦਿੱਸਦੇ ਸੰਸਾਰ ਵੱਲ ਪ੍ਰੇਰਦਾ ਰਹਿੰਦਾ ਹੈ ॥੭॥
4811	118	ਤਿਸੁ ਬਾਝਹੁ ਸਚੇ ਮੈ ਹੋਰੁ ਨ ਕੋਈ॥		This Baajhahu Sachae Mai Hor N Koee ||	I know of no other except the True One.	(ਹੇ ਭਾਈ!) ਮੈਨੂੰ ਉਸ ਸਦਾ-ਥਿਰ ਪ੍ਰਭੂ ਤੋਂ ਬਿਨਾ ਕੋਈ ਹੋਰ ਨਹੀਂ ਦਿੱਸਦਾ (ਜੋ ਜੀਵ ਨੂੰ ਬਾਹਰ ਭਟਕਣ ਤੋਂ ਬਚਾ ਸਕੇ)।
4812	118	ਜਿਸੁ ਲਾਇ ਲਏ ਸੋ ਨਿਰਮਲੁ ਹੋਈ॥		Jis Laae Leae So Niramal Hoee ||	Those, whom the Lord attaches to Himself, become pure.	ਜਿਸ ਮਨੁੱਖ ਨੂੰ ਉਹ ਆਪਣੇ ਚਰਨਾਂ ਵਿਚ ਜੋੜਦਾ ਹੈ, ਉਹ ਪਵਿੱਤਰ ਜੀਵਨ ਵਾਲਾ ਹੋ ਜਾਂਦਾ ਹੈ।
4813	118	ਨਾਨਕ ਨਾਮੁ ਵਸੈ ਘਟ ਅੰਤਰਿ ਜਿਸੁ ਦੇਵੈ ਸੋ ਪਾਵਣਿਆ॥੮॥੧੪॥੧੫॥		Naanak Naam Vasai Ghatt Anthar Jis Dhaevai So Paavaniaa ||8||14||15||	O Nanak, the Naam, the Name of the Lord, abides deep within the heart of those, unto whom He has given it. ||8||14||15||	ਹੇ ਨਾਨਕ! (ਉਸ ਦੀ ਮੇਹਰ ਨਾਲ ਹੀ) ਉਸਦਾ ਨਾਮ ਜੀਵ ਦੇ ਹਿਰਦੇ ਵਿਚ ਵੱਸਦਾ ਹੈ। ਜਿਸ ਮਨੁੱਖ ਨੂੰ (ਆਪਣੇ ਨਾਮ ਦੀ ਦਾਤਿ) ਬਖ਼ਸ਼ਦਾ ਹੈ ਉਹ ਹਾਸਲ ਕਰ ਲੈਂਦਾ ਹੈ ॥੮॥੧੪॥੧੫॥
4814	118	ਮਾਝ ਮਹਲਾ ੩॥		Maajh Mehalaa 3 ||	Maajh, Third Mehl:	

4815	118	ਅੰਮ੍ਰਿਤ ਨਾਮੁ ਮੰਨਿ ਵਸਾਏ॥		Anmrith Naam Mann Vasaaeae ||	Enshrining the Ambrosial Naam, the Name of the Lord, in the mind,	ਜੇਹੜਾ ਮਨੁੱਖ ਆਤਮਕ ਜੀਵਨ ਦੇਣ ਵਾਲਾ ਪ੍ਰਭੂ ਦਾ ਨਾਮ ਆਪਣੇ ਮਨ ਵਿਚ ਵਸਾਂਦਾ ਹੈ,
4816	118	ਹਉਮੈ ਮੇਰਾ ਸਭੁ ਦੁਖੁ ਗਵਾਏ॥		Houmai Maeraa Sabh Dhukh Gavaaeae ||	All the pains of egotism, selfishness and conceit are eliminated.	ਉਹ (ਆਪਣੇ ਅੰਦਰੋਂ) ਹਉਮੈ ਤੇ ਮਮਤਾ ਦਾ ਦੁੱਖ ਦੂਰ ਕਰ ਲੈਂਦਾ ਹੈ।
4817	118	ਅੰਮ੍ਰਿਤ ਬਾਣੀ ਸਦਾ ਸਲਾਹੇ ਅੰਮ੍ਰਿਤੁ ਅੰਮ੍ਰਿਤੁ ਪਾਵਣਿਆ॥੧॥		Anmrith Baanee Sadhaa Salaahae Anmrith Anmrith Paavaniaa ||1||	By continually praising the Ambrosial Bani of the Word, I obtain the Amrit, the Ambrosial Nectar. ||1||	ਉਹ ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਲਾਹ ਦੀ ਬਾਣੀ ਰਾਹੀਂ ਸਦਾ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ ਤੇ ਹਰ ਵੇਲੇ ਨਾਮ-ਅੰਮ੍ਰਿਤ (ਦੇ ਘੁੱਟ) ਹੀ ਪੀਂਦਾ ਹੈ ॥੧॥
4818	118	ਹਉ ਵਾਰੀ ਜੀਉ ਵਾਰੀ ਅੰਮ੍ਰਿਤ ਬਾਣੀ ਮੰਨਿ ਵਸਾਵਣਿਆ॥		Ho Vaaree Jeeo Vaaree Anmrith Baanee Mann Vasaavaniaa ||	I am a sacrifice, my soul is a sacrifice, to those who enshrine the Ambrosial Bani of the Word within their minds.	ਮੈਂ ਉਸ ਮਨੁੱਖ ਤੋਂ ਸਦਾ ਸਦਕੇ ਕੁਰਬਾਨ ਜਾਂਦਾ ਹਾਂ, ਜੋ ਆਤਮਕ ਜੀਵਨ ਦੇਣ ਵਾਲੀ ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ (ਪਰਮਾਤਮਾ ਨੂੰ) ਆਪਣੇ ਮਨ ਵਿਚ ਵਸਾਂਦਾ ਹੈ,
4819	118	ਅੰਮ੍ਰਿਤ ਬਾਣੀ ਮੰਨਿ ਵਸਾਏ ਅੰਮ੍ਰਿਤੁ ਨਾਮੁ ਧਿਆਵਣਿਆ॥੧॥ਰਹਾਉ॥		Anmrith Baanee Mann Vasaaeae Anmrith Naam Dhhiaavaniaa ||1|| Rehaao ||	Enshrining the Ambrosial Bani in their minds, they meditate on the Ambrosial Naam. ||1||Pause||	ਜੋ ਅੰਮ੍ਰਿਤ ਬਾਣੀ ਮਨ ਵਿਚ ਵਸਾਂਦਾ ਹੈ ਤੇ ਆਤਮਕ ਜੀਵਨ ਦੇਣ ਵਾਲਾ ਪ੍ਰਭੂ-ਨਾਮ ਸਦਾ ਸਿਮਰਦਾ ਹੈ ॥੧॥ ਰਹਾਉ ॥

4820	118	ਅੰਮ੍ਰਿਤੁ ਬੋਲੈ ਸਦਾ ਮੁਖਿ ਵੈਣੀ॥	(ਵੈਣੀ) ਬਾਣੀ, ਬੋਲ	Anmrith Bolai Sadhaa Mukh Vainee ||	Those who continually chant the Ambrosial Words of Nectar see	ਜੇਹੜਾ ਮਨੁੱਖ ਆਪਣੇ ਮੂੰਹ ਨਾਲ ਬਚਨਾਂ ਦੀ ਰਾਹੀਂ ਆਤਮਕ ਜੀਵਨ-ਦਾਤਾ ਪ੍ਰਭ-ਨਾਮ ਸਦਾ ਉਚਾਰਦਾ ਹੈ,
4821	118	ਅੰਮ੍ਰਿਤੁ ਵੇਖੈ ਪਰਖੈ ਸਦਾ ਨੈਣੀ॥		Anmrith Vaekhai Parakhai Sadhaa Nainee ||	And behold this Amrit everywhere with their eyes.	ਉਹ ਅੱਖਾਂ ਨਾਲ (ਭੀ) ਸਦਾ ਜੀਵਨ-ਦਾਤੇ ਪਰਮਾਤਮਾ ਨੂੰ ਹੀ (ਹਰ ਥਾਂ) ਵੇਖਦਾ ਪਛਾਣਦਾ ਹੈ।
4822	118	ਅੰਮ੍ਰਿਤ ਕਥਾ ਕਹੈ ਸਦਾ ਦਿਨੁ ਰਾਤੀ ਅਵਰਾ ਆਖਿ ਸੁਣਾਵਣਿਆ॥੨॥		Anmrith Kathhaa Kehai Sadhaa Dhin Raathee Avaraa Aakh Sunaavaniaa ||2||	They continually chant the Ambrosial Sermon day and night; chanting it, they cause others to hear it. ||2||	ਉਹ ਜੀਵਨ-ਦਾਤੇ ਪ੍ਰਭੂ ਦੀ ਸਿਫ਼ਤ-ਸਾਲਾਹ ਸਦਾ ਦਿਨ ਰਾਤ ਕਰਦਾ ਹੈ ਤੇ ਹੋਰਨਾਂ ਨੂੰ (ਭੀ) ਆਖ ਕੇ ਸੁਣਾਂਦਾ ਹੈ ॥੨॥
4823	118	ਅੰਮ੍ਰਿਤ ਰੰਗਿ ਰਤਾ ਲਿਵ ਲਾਏ॥		Anmrith Rang Rathaa Liv Laaeae ||	Imbued with the Ambrosial Love of the Lord, they lovingly focus their attention on Him.	ਜੇਹੜਾ ਮਨੁੱਖ ਜੀਵਨ-ਦਾਤੇ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਹੋਇਆ ਪ੍ਰਭੂ-ਚਰਨਾਂ ਵਿਚ ਸੁਰਤ ਜੋੜਦਾ ਹੈ,
4824	118	ਅੰਮ੍ਰਿਤੁ ਗੁਰ ਪਰਸਾਦੀ ਪਾਏ॥		Anmrith Gur Parasaadhee Paaeae ||	By Guru's Grace, they receive this Amrit.	ਉਹ ਗੁਰੂ ਦੀ ਕਿਰਪਾ ਨਾਲ ਉਸ ਜੀਵਨ-ਦਾਤੇ ਨੂੰ ਮਿਲ ਪੈਂਦਾ ਹੈ।

4825	118	ਅੰਮ੍ਰਿਤੁ ਰਸਨਾ ਬੋਲੈ ਦਿਨੁ ਰਾਤੀ ਮਨਿ ਤਨਿ ਅੰਮ੍ਰਿਤੁ ਪੀਆਵਣਿਆ॥੩॥		Anmrith Rasanaa Bolai Dhin Raathee Man Than Anmrith Peeaavaniaa ||3||	They chant the Ambrosial Name with their tongues day and night; their minds and bodies are satisfied by this Amrit. ||3||	ਉਹ ਆਪਣੀ ਜੀਭ ਨਾਲ ਦਿਨ ਰਾਤ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਹੀ ਉਚਾਰਦਾ ਹੈ, ਉਹ ਆਪਣੇ ਮਨ ਦੀ ਰਾਹੀਂ ਤੇ ਆਪਣੇ ਗਿਆਨ-ਇੰਦ੍ਰਿਆਂ ਦੀ ਰਾਹੀਂ ਨਾਮ-ਅੰਮ੍ਰਿਤ ਪੀਂਦਾ ਰਹਿੰਦਾ ਹੈ ॥੩॥
4826	118	ਸੋ ਕਿਛੁ ਕਰੈ ਜੁ ਚਿਤਿ ਨ ਹੋਈ॥		So Kishh Karai J Chith N Hoee ||	That which God does is beyond anyone's consciousness;	(ਹੇ ਭਾਈ!) ਪਰਮਾਤਮਾ ਉਹ ਕੁਝ ਕਰ ਦਿੰਦਾ ਹੈ ਜੋ (ਜੀਵਾਂ ਦੇ) ਚਿੱਤ-ਚੇਤੇ ਭੀ ਨਹੀਂ ਹੁੰਦਾ।
4827	118	ਤਿਸ ਦਾ ਹੁਕਮੁ ਮੇਟਿ ਨ ਸਕੈ ਕੋਈ॥		This Dhaa Hukam Maett N Sakai Koee ||	No one can erase the Hukam of His Command.	ਕੋਈ ਭੀ ਜੀਵ ਉਸ ਕਰਤਾਰ ਦਾ ਹੁਕਮ (ਭੀ) ਮੋੜ ਨਹੀਂ ਸਕਦਾ।
4828	118	ਹੁਕਮੇ ਵਰਤੈ ਅੰਮ੍ਰਿਤ ਬਾਣੀ ਹੁਕਮੇ ਅੰਮ੍ਰਿਤੁ ਪੀਆਵਣਿਆ॥੪॥		Hukamae Varathai Anmrith Baanee Hukamae Anmrith Peeaavaniaa ||4||	By His Command, the Ambrosial Bani of the Word prevails, and by His Command, we drink in the Amrit. ||4||	ਉਸ ਦੇ ਹੁਕਮ ਅਨੁਸਾਰ ਹੀ (ਕਿਸੇ ਵਡ-ਭਾਗੀ ਮਨੁੱਖ ਦੇ ਹਿਰਦੇ ਵਿਚ) ਉਸ ਦੀ ਆਤਮਕ ਜੀਵਨ-ਦਾਤੀ ਸਿਫ਼ਤ-ਸਾਲਾਹ ਦੀ ਬਾਣੀ ਵੱਸ ਪੈਂਦੀ ਹੈ, ਉਹ ਆਪਣੇ ਹੁਕਮ ਅਨੁਸਾਰ ਹੀ (ਕਿਸੇ ਵਡ-ਭਾਗੀ ਨੂੰ) ਆਪਣਾ ਨਾਮ-ਅੰਮ੍ਰਿਤ ਪਿਲਾਂਦਾ ਹੈ ॥੪॥
4829	118	ਅਜਬ ਕੰਮ ਕਰਤੇ ਹਰਿ ਕੇਰੇ॥	(ਅਜਬ) ਅਸਚਰਜ	Ajab Kanm Karathae Har Kaerae ||	The actions of the Creator Lord are marvellous and wonderful.	(ਹੇ ਭਾਈ!) ਉਸ ਹਰੀ ਕਰਤਾਰ ਦੇ ਕੌਤਕ ਅਚਰਜ ਹਨ।

4830	118	ਇਹੁ ਮਨੁ ਭੂਲਾ ਜਾਂਦਾ ਫੇਰੇ॥		Eihu Man Bhoolaa Jaandhaa Faerae ||	This mind is deluded, and goes around the wheel of reincarnation.	(ਜੀਵਾਂ ਦੇ) ਕੁਰਾਹੇ ਪੈ ਕੇ ਭਟਕਦੇ ਇਸ ਮਨ ਨੂੰ (ਭੀ) ਉਹ ਕਰਤਾਰ ਮੋੜ ਲਿਆਉਂਦਾ ਹੈ।
4831	118	ਅੰਮ੍ਰਿਤ ਬਾਣੀ ਸਿਉ ਚਿਤੁ ਲਾਏ ਅੰਮ੍ਰਿਤ ਸਬਦਿ ਵਜਾਵਣਿਆ॥੫॥	(ਵਜਾਵਣਿਆ) ਪ੍ਰਗਟ ਹੋਣਾ ਅਥਵਾ ਸਬਦਿ (ਵਜਾਵਣਿਆ) ਜਪੇ	Anmrith Baanee Sio Chith Laaeae Anmrith Sabadh Vajaavaniaa ||5||	Those who focus their consciousness on the Ambrosial Bani of the Word, hear the vibrations of the Ambrosial Word of the Shabad. ||5||	ਉਸ ਮਨ ਨੂੰ ਪ੍ਰਭੂ ਆਪਣੀ ਆਤਮਕ ਜੀਵਨ-ਦਾਤੀ ਸਿਫ਼ਤ-ਸਾਲਾਹ ਦੀ ਬਾਣੀ ਨਾਲ ਜੋੜ ਦੇਂਦਾ ਹੈ, ਤੇ ਸਿਫ਼ਤ-ਸਾਲਾਹ ਦੇ ਸ਼ਬਦ ਦੀ ਰਾਹੀਂ ਆਪਣਾ ਨਾਮ (ਉਸ ਦੇ ਅੰਦਰ) ਪਰਗਟ ਕਰ ਦੇਂਦਾ ਹੈ ॥੫॥
4832	119	ਖੋਟੇ ਖਰੇ ਤੁਧੁ ਆਪਿ ਉਪਾਏ॥	(ਉਪਾਏ) ਪੈਦਾ ਕੀਤੇ	Khottae Kharae Thudhh Aap Oupaaeae ||	You Yourself created the counterfeit and the genuine.	(ਹੇ ਪ੍ਰਭੂ!) ਖੋਟੇ ਜੀਵ ਤੇ ਖਰੇ ਜੀਵ ਤੂੰ ਆਪ ਹੀ ਪੈਦਾ ਕੀਤੇ ਹੋਏ ਹਨ।
4833	119	ਤੁਧੁ ਆਪੇ ਪਰਖੇ ਲੋਕ ਸਬਾਏ॥		Thudhh Aapae Parakhae Lok Sabaaeae ||	You Yourself appraise all people.	ਤੂੰ ਆਪ ਹੀ ਸਾਰੇ ਜੀਵਾਂ (ਦੀਆਂ ਕਰਤੂਤਾਂ) ਨੂੰ ਪਰਖਦਾ ਰਹਿੰਦਾ ਹੈਂ।
4834	119	ਖਰੇ ਪਰਖਿ ਖਜਾਨੈ ਪਾਇਹਿ ਖੋਟੇ ਭਰਮਿ ਭੁਲਾਵਣਿਆ॥੬॥		Kharae Parakh Khajaanai Paaeihi Khottae Bharam Bhulaavaniaa ||6||	You appraise the true, and place them in Your Treasury; You consign the false to wander in delusion. ||6||	ਖਰੇ ਜੀਵਾਂ ਨੂੰ ਪਰਖ ਕੇ ਤੂੰ ਆਪਣੇ ਖ਼ਜ਼ਾਨੇ ਵਿਚ ਪਾ ਲੈਂਦਾ ਹੈਂ (ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈਂ) ਤੇ ਖੋਟੇ ਜੀਵਾਂ ਨੂੰ ਭਟਕਣਾ ਵਿਚ ਪਾ ਕੇ ਕੁਰਾਹੇ ਪਾ ਦੇਂਦਾ ਹੈਂ ॥੬॥
4835	119	ਕਿਉ ਕਰਿ ਵੇਖਾ ਕਿਉ ਸਾਲਾਹੀ॥		Kio Kar Vaekhaa Kio Saalaahee ||	How can I behold You? How can I praise You?	(ਹੇ ਕਰਤਾਰ!) ਮੈਂ (ਤੇਰਾ ਦਾਸ) ਕਿਸ ਤਰ੍ਹਾਂ ਤੇਰਾ ਦਰਸਨ ਕਰਾਂ? ਕਿਸ ਤਰ੍ਹਾਂ ਤੇਰੀ ਸਿਫ਼ਤ-ਸਾਲਾਹ ਕਰਾਂ?

4836	119	ਗੁਰ ਪਰਸਾਦੀ ਸਬਦਿ ਸਲਾਹੀ॥		Gur Parasaadhee Sabadh Salaahee ||	By Guru's Grace, I praise You through the Word of the Shabad.	(ਜੇ ਤੇਰੀ ਆਪਣੀ ਹੀ ਮਿਹਰ ਹੋਵੇ, ਤੇ ਮੈਨੂੰ ਤੂੰ ਗੁਰੂ ਮਿਲਾ ਦੇਵੇਂ, ਤਾਂ) ਗੁਰੂ ਦੀ ਕਿਰਪਾ ਨਾਲ ਗੁਰੂ ਦੇ ਸ਼ਬਦ ਵਿਚ ਲੱਗ ਕੇ ਤੇਰੀ ਸਿਫ਼ਤ-ਸਾਲਾਹ ਕਰ ਸਕਦਾ ਹਾਂ।
4837	119	ਤੇਰੇ ਭਾਣੇ ਵਿਚਿ ਅੰਮ੍ਰਿਤੁ ਵਸੈ ਤੂੰ ਭਾਣੈ ਅੰਮ੍ਰਿਤੁ ਪੀਆਵਣਿਆ॥੭॥		Thaerae Bhaanae Vich Anmrith Vasai Thoon Bhaanai Anmrith Peeaavaniaa ||7||	In Your Sweet Will, the Amrit is found; by Your Will, You inspire us to drink in this Amrit. ||7||	(ਹੇ ਪ੍ਰਭੂ!) ਤੇਰੇ ਹੁਕਮ ਨਾਲ ਹੀ ਤੇਰਾ ਅੰਮ੍ਰਿਤ-ਨਾਮ (ਜੀਵ ਦੇ ਹਿਰਦੇ ਵਿਚ) ਵੱਸਦਾ ਹੈ, ਤੂੰ ਆਪਣੇ ਹੁਕਮ ਅਨੁਸਾਰ ਹੀ ਆਪਣਾ ਨਾਮ-ਅੰਮ੍ਰਿਤ (ਜੀਵਾਂ ਨੂੰ) ਪਿਲਾਂਦਾ ਹੈਂ ॥੭॥
4838	119	ਅੰਮ੍ਰਿਤ ਸਬਦੁ ਅੰਮ੍ਰਿਤ ਹਰਿ ਬਾਣੀ॥		Anmrith Sabadh Anmrith Har Baanee ||	The Shabad is Amrit; the Lord's Bani is Amrit.	(ਹੇ ਭਾਈ!) ਆਤਮਕ ਜੀਵਨ ਦੇਣ ਵਾਲਾ ਗੁਰ ਸ਼ਬਦ ਤਦੋਂ ਹੀ ਆਤਮਕ ਜੀਵਨ-ਦਾਤੀ ਸਿਫ਼ਤ-ਸਾਲਾਹ ਦੀ ਬਾਣੀ
4839	119	ਸਤਿਗੁਰ ਸੇਵਿਐ ਰਿਦੈ ਸਮਾਣੀ॥		Sathigur Saeviai Ridhai Samaanee ||	Serving the True Guru, it permeates the heart.	ਜੇ ਸਤਿਗੁਰੂ ਦਾ ਆਸਰਾ-ਪਰਨਾ ਲਿਆ ਜਾਏ, ਤਦੋਂ ਹੀ ਮਨੁੱਖ ਦੇ ਹਿਰਦੇ ਵਿਚ ਵੱਸ ਸਕਦੀ ਹੈ।

4840	119	ਨਾਨਕ ਅੰਮ੍ਰਿਤ ਨਾਮੁ ਸਦਾ ਸੁਖਦਾਤਾ ਪੀ ਅੰਮ੍ਰਿਤੁ ਸਭ ਭੁਖ ਲਹਿ ਜਾਵਣਿਆ॥੮॥੧੫॥੧੬॥		Naanak Anmrith Naam Sadhaa Sukhadhaathaa Pee Anmrith Sabh Bhukh Lehi Jaavaniaa ||8||15||16||	O Nanak, the Ambrosial Naam is forever the Giver of peace; drinking in this Amrit, all hunger is satisfied. ||8||15||16||	ਹੇ ਨਾਨਕ! ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਸਦਾ ਆਤਮਕ ਆਨੰਦ ਦੇਣ ਵਾਲਾ ਹੈ। ਇਹ ਨਾਮ-ਅੰਮ੍ਰਿਤ ਪੀਤਿਆਂ (ਮਾਇਆ ਦੀ) ਸਾਰੀ ਭੁੱਖ ਲਹਿ ਜਾਂਦੀ ਹੈ ॥੮॥੧੫॥੧੬॥
4841	119	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
4842	119	ਅੰਮ੍ਰਿਤੁ ਵਰਸੈ ਸਹਜਿ ਸੁਭਾਏ॥		Anmrith Varasai Sehaj Subhaaeae ||	The Ambrosial Nectar rains down, softly and gently.	ਜਦੋਂ ਮਨੁੱਖ ਆਤਮਕ ਅਡੋਲਤਾ ਵਿਚ ਟਿਕਦਾ ਹੈ ਪ੍ਰਭੂ ਪ੍ਰੇਮ ਵਿਚ ਜੁੜਦਾ ਹੈ, ਤਦੋਂ ਉਸ ਦੇ ਅੰਦਰ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਵਰਖਾ ਕਰਦਾ ਹੈ।
4843	119	ਗੁਰਮੁਖਿ ਵਿਰਲਾ ਕੋਈ ਜਨੁ ਪਾਏ॥		Guramukh Viralaa Koee Jan Paaeae ||	How rare are those Gurmukhs who find it.	ਪਰ (ਇਹ ਦਾਤਿ) ਕੋਈ ਉਹ ਵਿਰਲਾ ਮਨੁੱਖ ਹਾਸਲ ਕਰਦਾ ਹੈ, ਜੋ ਗੁਰੂ ਦੇ ਦੱਸੇ ਰਾਹ ਤੇ ਤੁਰਦਾ ਹੈ।
4844	119	ਅੰਮ੍ਰਿਤੁ ਪੀ ਸਦਾ ਤ੍ਰਿਪਤਾਸੇ ਕਰਿ ਕਿਰਪਾ ਤ੍ਰਿਸਨਾ ਬੁਝਾਵਣਿਆ॥੧॥	(ਤ੍ਰਿਪਤਾਸੇ) ਤ੍ਰਿਪਤ ਹੋਏ। ਬੁੱਝਾਵਣਿਆ	Anmrith Pee Sadhaa Thripathaasae Kar Kirapaa Thrisanaa Bujhaavaniaa ||1||	Those who drink it in are satisfied forever. Showering His Mercy upon them, the Lord quenches their thirst. ||1||	ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਕੇ ਮਨੁੱਖ ਸਦਾ ਲਈ (ਮਾਇਆ ਵਲੋਂ) ਰੱਜ ਜਾਂਦੇ ਹਨ, (ਪ੍ਰਭੂ) ਮਿਹਰ ਕਰ ਕੇ ਉਹਨਾਂ ਦੀ ਤ੍ਰਿਸ਼ਨਾ ਬੁਝਾ ਦੇਂਦਾ ਹੈ ॥੧॥

4845	119	ਹਉ ਵਾਰੀ ਜੀਉ ਵਾਰੀ ਗੁਰਮੁਖਿ ਅੰਮ੍ਰਿਤੁ ਪੀਆਵਣਿਆ॥		Ho Vaaree Jeeo Vaaree Guramukh Anmrith Peeaavaniaa ||	I am a sacrifice, my soul is a sacrifice, to those Gurmukhs who drink in this Ambrosial Nectar.	ਮੈਂ ਸਦਾ ਉਹਨਾਂ ਤੋਂ ਸਦਕੇ ਹਾਂ ਕੁਰਬਾਨ ਹਾਂ, ਜੇਹੜੇ ਗੁਰੂ ਦੀ ਸਰਨ ਪੈ ਕੇ ਆਤਮਕ ਜੀਵਨ ਦੇਣ ਵਾਲਾ ਨਾਮ ਜਲ ਪੀਂਦੇ ਹਨ।
4846	119	ਰਸਨਾ ਰਸੁ ਚਾਖਿ ਸਦਾ ਰਹੈ ਰੰਗਿ ਰਾਤੀ ਸਹਜੇ ਹਰਿ ਗੁਣ ਗਾਵਣਿਆ॥੧॥ਰਹਾਉ॥		Rasanaa Ras Chaakh Sadhaa Rehai Rang Raathee Sehajae Har Gun Gaavaniaa ||1|| Rehaao ||	The tongue tastes the essence, and remains forever imbued with the Lord's Love, intuitively singing the Glorious Praises of the Lord. ||1||Pause||	ਜਿਨ੍ਹਾਂ ਦੀ ਜੀਭ ਨਾਮ-ਰਸ ਚਖ ਕੇ ਪ੍ਰਭੂ ਦੇ ਪ੍ਰੇਮ ਰੰਗ ਵਿਚ ਸਦਾ ਰੰਗੀ ਰਹਿੰਦੀ ਹੈ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ ॥੧॥ ਰਹਾਉ ॥
4847	119	ਗੁਰ ਪਰਸਾਦੀ ਸਹਜੁ ਕੋ ਪਾਏ॥		Gur Parasaadhee Sehaj Ko Paaeae ||	By Guru's Grace, intuitive understanding is obtained;	ਗੁਰੂ ਦੀ ਕਿਰਪਾ ਨਾਲ ਕੋਈ ਵਿਰਲਾ ਮਨੁੱਖ ਆਤਮਕ ਅਡੋਲਤਾ ਹਾਸਲ ਕਰਦਾ ਹੈ,
4848	119	ਦੁਬਿਧਾ ਮਾਰੇ ਇਕਸੁ ਸਿਉ ਲਿਵ ਲਾਏ॥		Dhubidhhaa Maarae Eikas Sio Liv Laaeae ||	Subduing the sense of duality, they are in love with the One.	(ਜਿਸ ਦੀ ਬਰਕਤਿ ਨਾਲ) ਉਹ ਮਨ ਦਾ ਦੁਚਿੱਤਾ-ਪਨ ਮਾਰ ਕੇ ਸਿਰਫ਼ ਪਰਮਾਤਮਾ (ਦੇ ਚਰਨਾਂ) ਨਾਲ ਲਗਨ ਲਾਈ ਰੱਖਦਾ ਹੈ।

4849	119	ਨਦਰਿ ਕਰੇ ਤਾ ਹਰਿ ਗੁਣ ਗਾਵੈ ਨਦਰੀ ਸਚਿ ਸਮਾਵਣਿਆ॥੨॥		Nadhar Karae Thaa Har Gun Gaavai Nadharee Sach Samaavaniaa ||2||	When He bestows His Glance of Grace, then they sing the Glorious Praises of the Lord; by His Grace, they merge in Truth. ||2||	ਜਦੋਂ ਪਰਮਾਤਮਾ (ਕਿਸੇ ਜੀਵ ਉੱਤੇ ਮਿਹਰ ਦੀ) ਨਿਗਾਹ ਕਰਦਾ ਹੈ, ਤਦੋਂ ਉਹ ਪਰਮਾਤਮਾ ਦੇ ਗੁਣ ਗਾਂਦਾ ਹੈ, ਤੇ ਪ੍ਰਭੂ ਦੀ ਮਿਹਰ ਦੀ ਨਜ਼ਰ ਨਾਲ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ ॥੨॥
4850	119	ਸਭਨਾ ਉਪਰਿ ਨਦਰਿ ਪ੍ਰਭ ਤੇਰੀ॥		Sabhanaa Oupar Nadhar Prabh Thaeree ||	Above all is Your Glance of Grace, O God.	ਹੇ ਪ੍ਰਭੂ! ਤੇਰੀ ਮਿਹਰ ਦੀ ਨਿਗਾਹ ਸਭ ਜੀਵਾਂ ਉੱਤੇ ਹੀ ਹੈ,
4851	119	ਕਿਸੈ ਥੋੜੀ ਕਿਸੈ ਹੈ ਘਣੇਰੀ॥	(ਘਣੇਰੀ) ਬਹੁਤੀ	Kisai Thhorree Kisai Hai Ghanaeree ||	Upon some it is bestowed less, and upon others it is bestowed more.	ਕਿਸੇ ਉੱਤੇ ਥੋੜੀ ਹੈ ਕਿਸੇ ਉੱਤੇ ਬਹੁਤੀ ਹੈ।
4852	119	ਤੁਝ ਤੇ ਬਾਹਰਿ ਕਿਛੁ ਨ ਹੋਵੈ ਗੁਰਮੁਖਿ ਸੋਝੀ ਪਾਵਣਿਆ॥੩॥		Thujh Thae Baahar Kishh N Hovai Guramukh Sojhee Paavaniaa ||3||	Without You, nothing happens at all; the Gurmukhs understand this. ||3||	ਤੈਥੋਂ ਬਾਹਰ (ਤੇਰੀ ਮਿਹਰ ਦੀ ਨਿਗਾਹ ਤੋਂ ਬਿਨਾ) ਕੁਝ ਨਹੀਂ ਹੁੰਦਾ-ਇਹ ਸਮਝ ਉਸ ਮਨੁੱਖ ਨੂੰ ਪੈਂਦੀ ਹੈ ਜੋ ਗੁਰੂ ਦੀ ਸਰਨ ਪੈਂਦਾ ਹੈ ॥੩॥
4853	119	ਗੁਰਮੁਖਿ ਤਤੁ ਹੈ ਬੀਚਾਰਾ॥		Guramukh Thath Hai Beechaaraa ||	The Gurmukhs contemplate the essence of reality;	ਹੇ ਪ੍ਰਭੂ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੇ ਇਸ ਅਸਲੀਅਤ ਨੂੰ ਸਮਝਿਆ ਹੈ,
4854	119	ਅੰਮ੍ਰਿਤਿ ਭਰੇ ਤੇਰੇ ਭੰਡਾਰਾ॥		Anmrith Bharae Thaerae Bhanddaaraa ||	Your Treasures are overflowing with Ambrosial Nectar.	ਕਿ ਆਤਮਕ ਜੀਵਨ ਦੇਣ ਵਾਲੇ ਤੇਰੇ ਨਾਮ-ਜਲ ਨਾਲ ਤੇਰੇ ਖ਼ਜ਼ਾਨੇ ਭਰੇ ਪਏ ਹਨ।

4855	119	ਬਿਨੁ ਸਤਿਗੁਰ ਸੇਵੇ ਕੋਈ ਨ ਪਾਵੈ ਗੁਰ ਕਿਰਪਾ ਤੇ ਪਾਵਣਿਆ॥੪॥		Bin Sathigur Saevae Koee N Paavai Gur Kirapaa Thae Paavaniaa ||4||	Without serving the True Guru, no one obtains it. It is obtained only by Guru's Grace. ||4||	(ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਜਾਣਦਾ ਹੈ ਕਿ) ਗੁਰੂ ਦੀ ਸਰਨ ਪੈਣ ਤੋਂ ਬਿਨਾ ਕੋਈ ਮਨੁੱਖ ਨਾਮ-ਅੰਮ੍ਰਿਤ ਨਹੀਂ ਲੈ ਸਕਦਾ। ਗੁਰੂ ਦੀ ਕਿਰਪਾ ਨਾਲ ਹੀ ਹਾਸਲ ਕਰ ਸਕਦਾ ਹੈ ॥੪॥
4856	119	ਸਤਿਗੁਰੁ ਸੇਵੈ ਸੋ ਜਨੁ ਸੋਹੈ॥		Sathigur Saevai So Jan Sohai ||	Those who serve the True Guru are beautiful.	ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਮਨੁੱਖ ਸੋਹਣੇ ਜੀਵਨ ਵਾਲਾ ਬਣ ਜਾਂਦਾ ਹੈ,
4857	119	ਅੰਮ੍ਰਿਤ ਨਾਮਿ ਅੰਤਰੁ ਮਨੁ ਮੋਹੈ॥		Anmrith Naam Anthar Man Mohai ||	The Ambrosial Naam, the Name of the Lord, entices their inner minds.	ਆਤਮਕ ਜੀਵਨ ਦੇਣ ਵਾਲੇ ਨਾਮ ਵਿਚ ਉਸ ਦਾ ਅੰਦਰਲਾ ਮਨ ਮਸਤ ਰਹਿੰਦਾ ਹੈ।
4858	119	ਅੰਮ੍ਰਿਤਿ ਮਨੁ ਤਨੁ ਬਾਣੀ ਰਤਾ ਅੰਮ੍ਰਿਤੁ ਸਹਜਿ ਸੁਣਾਵਣਿਆ॥੫॥	ਰੱਤਾ, ਅੰਮ੍ਰਿ ਤਿ	Anmrith Man Than Baanee Rathaa Anmrith Sehaj Sunaavaniaa ||5||	Their minds and bodies are attuned to the Ambrosial Bani of the Word; this Ambrosial Nectar is intuitively heard. ||5||	ਉਸ ਮਨੁੱਖ ਦਾ ਮਨ ਉਸ ਦਾ ਤਨ ਨਾਮ-ਅੰਮ੍ਰਿਤ ਨਾਲ ਸਿਫ਼ਤ-ਸਾਲਾਹ ਦੀ ਬਾਣੀ ਨਾਲ ਰੰਗਿਆ ਜਾਂਦਾ ਹੈ, ਆਤਮਕ ਅਡੋਲਤਾ ਵਿਚ ਟਿਕ ਕੇ ਉਹ ਮਨੁੱਖ ਆਤਮਕ ਜੀਵਨ ਦੇਣ ਵਾਲੀ ਨਾਮ-ਧੁਨੀ ਨੂੰ ਸੁਣਦਾ ਰਹਿੰਦਾ ਹੈ ॥੫॥
4859	119	ਮਨਮੁਖੁ ਭੂਲਾ ਦੂਜੈ ਭਾਇ ਖੁਆਏ॥		Manamukh Bhoolaa Dhoojai Bhaae Khuaaeae ||	The deluded, self-willed manmukhs are ruined through the love of duality.	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਕੁਰਾਹੇ ਪੈ ਜਾਂਦਾ ਹੈ, ਮਾਇਆ ਦੇ ਪਿਆਰ ਵਿਚ (ਰੁੱਝ ਕੇ) ਸਹੀ ਜੀਵਨ-ਰਾਹ ਤੋਂ ਖੁੰਝ ਜਾਂਦਾ ਹੈ।

4860	119	ਨਾਮੁ ਨ ਲੇਵੈ ਮਰੈ ਬਿਖੁ ਖਾਏ॥		Naam N Laevai Marai Bikh Khaaeae ||	They do not chant the Naam, and they die, eating poison.	ਉਹ ਪਰਮਾਤਮਾ ਦਾ ਨਾਮ ਨਹੀਂ ਸਿਮਰਦਾ, ਉਹ (ਮਾਇਆ ਦਾ ਮੋਹ-ਰੂਪ) ਜ਼ਹਰ ਖਾ ਕੇ ਆਤਮਕ ਮੌਤ ਸਹੇੜ ਲੈਂਦਾ ਹੈ।
4861	119	ਅਨ ਦਿਨੁ ਸਦਾ ਵਿਸਟਾ ਮਹਿ ਵਾਸਾ ਬਿਨੁ ਸੇਵਾ ਜਨਮੁ ਗਵਾਵਣਿਆ॥੬॥		Anadhin Sadhaa Visattaa Mehi Vaasaa Bin Saevaa Janam Gavaavaniaa ||6||	Night and day, they continually sit in manure. Without selfless service, their lives are wasted away. ||6||	(ਗੰਦ ਦੇ ਕੀੜੇ ਵਾਂਗ) ਉਸ ਮਨੁੱਖ ਦਾ ਨਿਵਾਸ ਸਦਾ ਹਰ ਵੇਲੇ (ਵਿਕਾਰਾਂ ਦੇ) ਗੰਦ ਵਿਚ ਹੀ ਰਹਿੰਦਾ ਹੈ, ਪਰਮਾਤਮਾ ਦੀ ਸੇਵਾ-ਭਗਤੀ ਤੋਂ ਬਿਨਾ ਉਹ ਆਪਣਾ ਮਨੁੱਖਾ ਜਨਮ ਜ਼ਾਇਆ ਕਰ ਲੈਂਦਾ ਹੈ ॥੬॥
4862	119	ਅੰਮ੍ਰਿਤੁ ਪੀਵੈ ਜਿਸ ਨੋ ਆਪਿ ਪੀਆਏ॥		Anmrith Peevai Jis No Aap Peeaaeae ||	They alone drink in this Amrit, whom the Lord Himself inspires to do so.	(ਪਰ ਜੀਵਾਂ ਦੇ ਭੀ ਕੀਹ ਵੱਸ?) ਉਹੀ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਹੈ, ਜਿਸ ਨੂੰ ਪਰਮਾਤਮਾ ਆਪ ਪਿਲਾਂਦਾ ਹੈ।
4863	119	ਗੁਰ ਪਰਸਾਦੀ ਸਹਜਿ ਲਿਵ ਲਾਏ॥		Gur Parasaadhee Sehaj Liv Laaeae ||	By Guru's Grace, they intuitively enshrine love for the Lord.	ਗੁਰੂ ਦੀ ਕਿਰਪਾ ਨਾਲ ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ (ਪ੍ਰਭੂ-ਚਰਨਾਂ ਵਿਚ) ਸੁਰਤ ਜੋੜੀ ਰੱਖਦਾ ਹੈ।
4864	119	ਪੂਰਨ ਪੂਰਿ ਰਹਿਆ ਸਭ ਆਪੇ ਗੁਰਮਤਿ ਨਦਰੀ ਆਵਣਿਆ॥੭॥		Pooran Poor Rehiaa Sabh Aapae Guramath Nadharee Aavaniaa ||7||	The Perfect Lord is Himself perfectly pervading everywhere; through the Guru's Teachings, He is perceived. ||7||	ਸਤਿਗੁਰੂ ਦੀ ਮਤਿ ਲੈ ਕੇ ਫਿਰ ਉਸ ਨੂੰ ਇਹ ਪ੍ਰਤੱਖ ਦਿੱਸਦਾ ਹੈ ਕਿ ਸਰਬ-ਵਿਆਪਕ ਪ੍ਰਭੂ ਹਰ ਥਾਂ ਆਪ ਹੀ ਮੌਜੂਦ ਹੈ ॥੭॥

4865	119	ਆਪੇ ਆਪਿ ਨਿਰੰਜਨੁ ਸੋਈ॥		Aapae Aap Niranjan Soee ||	He Himself is the Immaculate Lord.	(ਹੇ ਭਾਈ!) ਮਾਇਆ ਦੇ ਪ੍ਰਭਾਵ ਤੋਂ ਉੱਚਾ ਰਹਿਣ ਵਾਲਾ ਪਰਮਾਤਮਾ ਹਰ ਥਾਂ ਆਪ ਹੀ ਆਪ ਮੌਜੂਦ ਹੈ।
4866	119	ਜਿਨਿ ਸਿਰਜੀ ਤਿਨਿ ਆਪੇ ਗੋਈ॥		Jin Sirajee Thin Aapae Goee ||	He who has created, shall Himself destroy.	ਜਿਸ ਪਰਮਾਤਮਾ ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ ਉਹ ਆਪ ਹੀ ਇਸ ਨੂੰ ਨਾਸ ਕਰਦਾ ਹੈ।
4867	119	ਨਾਨਕ ਨਾਮੁ ਸਮਾਲਿ ਸਦਾ ਤੂੰ ਸਹਜੇ ਸਚਿ ਸਮਾਵਣਿਆ॥੮॥੧੬॥੧੭॥		Naanak Naam Samaal Sadhaa Thoon Sehajae Sach Samaavaniaa ||8||16||17||	O Nanak, remember the Naam forever, and you shall merge into the True One with intuitive ease. ||8||16||17||	ਹੇ ਨਾਨਕ! ਤੂੰ ਉਸ ਪਰਮਾਤਮਾ ਦਾ ਨਾਮ ਸਦਾ ਆਪਣੇ ਹਿਰਦੇ ਵਿਚ ਸਾਂਭ ਰੱਖ। (ਨਾਮ ਸਿਮਰਨ ਦੀ ਬਰਕਤਿ ਨਾਲ) ਆਤਮਕ ਅਡੋਲਤਾ ਵਿਚ ਟਿਕ ਕੇ ਉਸ ਸਦਾ-ਥਿਰ ਪ੍ਰਭੂ ਵਿਚ ਲੀਨ ਰਹੀਦਾ ਹੈ ॥੮॥੧੬॥੧੭॥
4868	119	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
4869	119	ਸੇ ਸਚਿ ਲਾਗੇ ਜੋ ਤੁਧੁ ਭਾਏ॥		Sae Sach Laagae Jo Thudhh Bhaaeae ||	Those who please You are linked to the Truth.	(ਹੇ ਪ੍ਰਭੂ!) ਜੇਹੜੇ ਬੰਦੇ ਤੈਨੂੰ ਚੰਗੇ ਲੱਗਦੇ ਹਨ ਉਹ (ਤੇਰੇ) ਸਦਾ-ਥਿਰ ਨਾਮ ਵਿਚ ਜੁੜੇ ਰਹਿੰਦੇ ਹਨ।
4870	119	ਸਦਾ ਸਚੁ ਸੇਵਹਿ ਸਹਜ ਸੁਭਾਏ॥		Sadhaa Sach Saevehi Sehaj Subhaaeae ||	They serve the True One forever, with intuitive ease.	ਉਹ ਆਤਮਕ ਅਡੋਲਤਾ ਦੇ ਭਾਵ ਵਿਚ (ਟਿਕ ਕੇ) ਸਦਾ (ਤੇਰੇ) ਸਦਾ-ਥਿਰ ਰਹਿਣ ਵਾਲੇ ਨਾਮ ਨੂੰ ਸਿਮਰਦੇ ਹਨ।

4871	119	ਸਚੈ ਸਬਦਿ ਸਚਾ ਸਾਲਾਹੀ ਸਚੈ ਮੇਲਿ ਮਿਲਾਵਣਿਆ॥੧॥		Sachai Sabadh Sachaa Saalaahee Sachai Mael Milaavaniaa ||1||	Through the True Word of the Shabad, they praise the True One, and they merge in the merging of Truth. ||1||	(ਹੇ ਭਾਈ! ਜੇ ਪ੍ਰਭੂ ਦੀ ਮਿਹਰ ਹੋਵੇ ਤਾਂ) ਮੈਂ ਭੀ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਦੀ ਰਾਹੀਂ ਉਸ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਰਹਾਂ। (ਜੇਹੜੇ ਸਿਫ਼ਤ-ਸਾਲਾਹ ਕਰਦੇ ਹਨ) ਉਹ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਚਰਨਾਂ ਵਿਚ ਜੁੜੇ ਰਹਿੰਦੇ ਹਨ ॥੧॥
4872	119	ਹਉ ਵਾਰੀ ਜੀਉ ਵਾਰੀ ਸਚੁ ਸਾਲਾਹਣਿਆ॥		Ho Vaaree Jeeo Vaaree Sach Saalaahaniaa ||	I am a sacrifice, my soul is a sacrifice, to those who praise the True One.	ਮੈਂ ਉਹਨਾਂ ਤੋਂ ਸਦਕੇ ਹਾਂ ਕੁਰਬਾਨ ਹਾਂ, ਜੋ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਹਨ।
4873	119	ਸਚੁ ਧਿਆਇਨਿ ਸੇ ਸਚਿ ਰਾਤੇ ਸਚੇ ਸਚਿ ਸਮਾਵਣਿਆ॥੧॥ਰਹਾਉ॥		Sach Dhhiaaein Sae Sach Raathae Sachae Sach Samaavaniaa ||1|| Rehaao ||	Those who meditate on the True One are attuned to Truth; they are absorbed into the Truest of the True. ||1||Pause||	ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ ਦਾ ਧਿਆਨ ਧਰਦੇ ਹਨ, ਉਹ ਉਸ ਸਦਾ-ਥਿਰ ਵਿਚ ਰੰਗੇ ਰਹਿੰਦੇ ਹਨ ਉਹ ਸਦਾ ਹੀ ਸਦਾ-ਥਿਰ ਵਿਚ ਲੀਨ ਰਹਿੰਦੇ ਹਨ ॥੧॥ ਰਹਾਉ ॥
4874	119	ਜਹ ਦੇਖਾ ਸਚੁ ਸਭਨੀ ਥਾਈ॥	ਥਾਂਈਂ	Jeh Dhaekhaa Sach Sabhanee Thhaaee ||	The True One is everywhere, wherever I look.	(ਹੇ ਭਾਈ!) ਮੈਂ ਜਿਧਰ ਵੇਖਦਾ ਹਾਂ, ਸਦਾ-ਥਿਰ ਪਰਮਾਤਮਾ ਸਭ ਥਾਈਂ ਵੱਸਦਾ ਹੈ।
4875	119	ਗੁਰ ਪਰਸਾਦੀ ਮੰਨਿ ਵਸਾਈ॥		Gur Parasaadhee Mann Vasaaee ||	By Guru's Grace, I enshrine Him in my mind.	ਗੁਰੂ ਦੀ ਕਿਰਪਾ ਨਾਲ ਹੀ ਉਸ ਨੂੰ ਮੈਂ ਆਪਣੇ ਮਨ ਵਿਚ ਵਸਾ ਸਕਦਾ ਹਾਂ।

4876	119	ਤਨੁ ਸਚਾ ਰਸਨਾ ਸਚਿ ਰਾਤੀ ਸਚੁ ਸੁਣਿ ਆਖਿ ਵਖਾਨਣਿਆ॥੨॥	(ਵਖਾਨਣਿਆ) ਕਥਾ ਕਰਨੀ	Than Sachaa Rasanaa Sach Raathee Sach Sun Aakh Vakhaananiaa ||2||	True are the bodies of those whose tongues are attuned to Truth. They hear the Truth, and speak it with their mouths. ||2||	ਜੇਹੜੇ ਮਨੁੱਖ ਉਸ ਸਦਾ-ਥਿਰ ਪ੍ਰਭੂ ਦਾ ਨਾਮ ਸੁਣ ਕੇ ਉਚਾਰ ਕੇ ਉਸ ਦੇ ਗੁਣ ਕਥਨ ਕਰਦੇ ਹਨ, ਉਹਨਾਂ ਦੀ ਜੀਭ ਸਦਾ-ਥਿਰ ਰਹਿਣ ਵਾਲੇ ਪ੍ਰਭੂ (ਦੇ ਨਾਮ-ਰੰਗ) ਵਿਚ ਰੰਗੀ ਜਾਂਦੀ ਹੈ, ਉਹਨਾਂ ਦੇ ਗਿਆਨ-ਇੰਦ੍ਰੇ ਅਡੋਲ ਹੋ ਜਾਂਦੇ ਹਨ ॥੨॥
4877	120	ਮਨਸਾ ਮਾਰਿ ਸਚਿ ਸਮਾਣੀ॥	(ਮਨਸਾ) ਇੱਛਾ, ਵਾਸ਼ਨਾ	Manasaa Maar Sach Samaanee ||	Subduing their desires, they merge with the True One;	(ਮਨ ਨੂੰ) ਮਾਰ ਕੇ ਜਿਸ ਮਨੁੱਖ ਦੀ ਵਾਸਨਾ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਗਈ ਹੈ,
4878	120	ਇਨਿ ਮਨਿ ਡੀਠੀ ਸਭ ਆਵਣ ਜਾਣੀ॥	(ਡੀਠੀ) ਦੇਖੀ	Ein Man Ddeethee Sabh Aavan Jaanee ||	They see in their minds that everyone comes and goes in reincarnation.	ਉਸ ਨੇ ਇਸ (ਟਿਕੇ ਹੋਏ) ਮਨ ਦੀ ਰਾਹੀਂ ਇਹ ਸਾਰੀ ਜਨਮ ਮਰਨ ਦੇ ਗੇੜ ਦੀ ਖੇਡ ਵੇਖ ਲਈ ਹੈ (ਸਮਝ ਲਈ ਹੈ)।
4879	120	ਸਤਿਗੁਰੁ ਸੇਵੇ ਸਦਾ ਮਨੁ ਨਿਹਚਲੁ ਨਿਜ ਘਰਿ ਵਾਸਾ ਪਾਵਣਿਆ॥੩॥		Sathigur Saevae Sadhaa Man Nihachal Nij Ghar Vaasaa Paavaniaa ||3||	Serving the True Guru, they become stable forever, and they obtain their dwelling in the home of the self. ||3||	ਉਹ ਮਨੁੱਖ ਗੁਰੂ ਦਾ ਆਸਰਾ ਲੈਂਦਾ ਹੈ, ਉਸ ਦਾ ਮਨ ਸਦਾ ਵਾਸਤੇ (ਮਾਇਆ ਦੇ ਹੱਲਿਆਂ ਵਲੋਂ) ਅਡੋਲ ਹੋ ਜਾਂਦਾ ਹੈ, ਉਹ ਆਪਣੇ ਅਸਲ ਘਰ ਵਿਚ (ਪ੍ਰਭੂ-ਚਰਨਾਂ ਵਿਚ) ਟਿਕਾਣਾ ਹਾਸਲ ਕਰ ਲੈਂਦਾ ਹੈ ॥੩॥
4880	120	ਗੁਰ ਕੈ ਸਬਦਿ ਰਿਦੈ ਦਿਖਾਇਆ॥		Gur Kai Sabadh Ridhai Dhikhaaeiaa ||	Through the Word of the Guru's Shabad, the Lord is seen within one's own heart.	(ਹੇ ਭਾਈ!) ਗੁਰੂ ਦੇ ਸ਼ਬਦ ਨੇ (ਮੈਨੂੰ ਪਰਮਾਤਮਾ ਮੇਰੇ) ਹਿਰਦੇ ਵਿਚ (ਵੱਸਦਾ) ਵਿਖਾ ਦਿੱਤਾ ਹੈ।

4881	120	ਮਾਇਆ ਮੋਹੁ ਸਬਦਿ ਜਲਾਇਆ॥		Maaeiaa Mohu Sabadh Jalaaeiaa ||	Through the Shabad, I have burned my emotional attachment to Maya.	ਸ਼ਬਦ ਨੇ (ਮੇਰੇ ਅੰਦਰੋਂ) ਮਾਇਆ ਦਾ ਮੋਹ ਸਾੜ ਦਿੱਤਾ ਹੈ।
4882	120	ਸਚੋ ਸਚਾ ਵੇਖਿ ਸਾਲਾਹੀ ਗੁਰ ਸਬਦੀ ਸਚੁ ਪਾਵਣਿਆ॥੪॥		Sacho Sachaa Vaekh Saalaahee Gur Sabadhee Sach Paavaniaa ||4||	I gaze upon the Truest of the True, and I praise Him. Through the Word of the Guru's Shabad, I obtain the True One. ||4||	(ਹੁਣ) ਮੈਂ (ਹਰ ਥਾਂ) ਉਸ ਸਦਾ-ਥਿਰ ਪ੍ਰਭੂ ਨੂੰ ਹੀ ਵੇਖ ਕੇ (ਉਸ ਦੀ) ਸਿਫ਼ਤ-ਸਾਲਾਹ ਕਰਦਾ ਹਾਂ। (ਹੇ ਭਾਈ!) ਗੁਰੂ ਦੇ ਸ਼ਬਦ ਵਿਚ (ਜੁੜਨ ਵਾਲੇ ਮਨੁੱਖ) ਸਦਾ-ਥਿਰ ਪ੍ਰਭੂ ਦਾ ਮਿਲਾਪ ਹਾਸਲ ਕਰ ਲੈਂਦੇ ਹਨ ॥੪॥
4883	120	ਜੋ ਸਚਿ ਰਾਤੇ ਤਿਨ ਸਚੀ ਲਿਵ ਲਾਗੀ॥		Jo Sach Raathae Thin Sachee Liv Laagee ||	Those who are attuned to Truth are blessed with the Love of the True One.	ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ (ਦੇ ਨਾਮ-ਰੰਗ) ਵਿਚ ਰੰਗੇ ਜਾਂਦੇ ਹਨ, ਉਹਨਾਂ ਦੇ ਅੰਦਰ (ਪ੍ਰਭੂ ਦੇ ਚਰਨਾਂ ਵਾਸਤੇ) ਸਦਾ ਕਾਇਮ ਰਹਿਣ ਵਾਲੀ ਲਗਨ ਪੈਦਾ ਹੋ ਜਾਂਦੀ ਹੈ।
4884	120	ਹਰਿ ਨਾਮੁ ਸਮਾਲਹਿ ਸੇ ਵਡਭਾਗੀ॥	ਸਮਾਲਹਿ	Har Naam Samaalehi Sae Vaddabhaagee ||	Those who praise the Lord's Name are very fortunate.	ਉਹ ਵੱਡੇ ਭਾਗਾਂ ਵਾਲੇ ਮਨੁੱਖ ਪ੍ਰਭੂ ਦੇ ਨਾਮ ਨੂੰ (ਆਪਣੇ ਹਿਰਦੇ ਵਿਚ) ਸਾਂਭ ਕੇ ਰੱਖਦੇ ਹਨ।

4885	120	ਸਚੈ ਸਬਦਿ ਆਪਿ ਮਿਲਾਏ ਸਤਸੰਗਤਿ ਸਚੁ ਗੁਣ ਗਾਵਣਿਆ॥੫॥		Sachai Sabadh Aap Milaaeae Sathasangath Sach Gun Gaavaniaa ||5||	Through the Word of His Shabad, the True One blends with Himself, those who join the True Congregation and sing the Glorious Praises of the True One. ||5||	ਜਿਨ੍ਹਾਂ ਮਨੁੱਖਾਂ ਨੂੰ ਪ੍ਰਭੂ ਆਪ ਹੀ ਸਿਫ਼ਤ-ਸਾਲਾਹ ਦੀ ਬਾਣੀ ਵਿਚ ਜੋੜਦਾ ਹੈ, ਉਹ ਸਾਧ ਸੰਗਤਿ ਵਿਚ ਰਹਿ ਕੇ ਸਦਾ-ਥਿਰ ਪ੍ਰਭੂ ਨੂੰ ਸਿਮਰਦੇ ਹਨ ਉਸ ਦੇ ਗੁਣ ਗਾਂਦੇ ਹਨ ॥੫॥
4886	120	ਲੇਖਾ ਪੜੀਐ ਜੇ ਲੇਖੇ ਵਿਚਿ ਹੋਵੈ॥		Laekhaa Parreeai Jae Laekhae Vich Hovai ||	We could read the account of the Lord, if He were in any account.	(ਹੇ ਭਾਈ!) ਉਸ ਪਰਮਾਤਮਾ ਦੀ ਕੁਦਰਤਿ ਦਾ ਉਸ ਦੀ ਹਸਤੀ ਦਾ ਉਸ ਦੇ ਗੁਣਾਂ ਦਾ ਪੂਰਾ ਗਿਆਨ ਪ੍ਰਾਪਤ ਕਰਨ ਦਾ ਜਤਨ ਵਿਅਰਥ ਹੈ, ਉਸ ਦਾ ਸਰੂਪ ਲੇਖਿਆਂ ਤੋਂ ਬਾਹਰ ਹੈ।
4887	120	ਓਹੁ ਅਗਮੁ ਅਗੋਚਰੁ ਸਬਦਿ ਸੁਧਿ ਹੋਵੈ॥	(ਸੁਧਿ) ਸੋਝੀ	Ouhu Agam Agochar Sabadh Sudhh Hovai ||	He is Inaccessible and Incomprehensible; through the Shabad, understanding is obtained.	ਉਹ ਅਪਹੁੰਚ ਹੈ, ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਉਸ ਤਕ ਪਹੁੰਚ ਨਹੀਂ ਹੋ ਸਕਦੀ। ਪਰ (ਪਰਮਾਤਮਾ ਦੀ ਇਸ ਅਗਾਧਤਾ ਦੀ) ਸਮਝ ਗੁਰੂ ਦੇ ਸ਼ਬਦ ਦੀ ਰਾਹੀਂ ਹੁੰਦੀ ਹੈ।
4888	120	ਅਨ ਦਿਨੁ ਸਚਿ ਸਬਦਿ ਸਾਲਾਹੀ ਹੋਰੁ ਕੋਇ ਨ ਕੀਮਤਿ ਪਾਵਣਿਆ॥੬॥		Anadhin Sach Sabadh Saalaahee Hor Koe N Keemath Paavaniaa ||6||	Night and day, praise the True Word of the Shabad. There is no other way to know His Worth. ||6||	ਮੈਂ ਤਾਂ ਹਰ ਵੇਲੇ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ ਉਸ ਦੀ ਸਿਫ਼ਤ-ਸਾਲਾਹ ਹੀ ਕਰਦਾ ਹਾਂ। ਕੋਈ ਭੀ ਹੋਰ ਐਸਾ ਨਹੀਂ ਜਿਸ ਨੂੰ ਉਸ ਪਰਮਾਤਮਾ ਦੇ ਬਰਾਬਰ ਦਾ ਕਿਹਾ ਜਾ ਸਕੇ ॥੬॥

4889	120	ਪੜਿ ਪੜਿ ਥਾਕੇ ਸਾਂਤਿ ਨ ਆਈ॥		Parr Parr Thhaakae Saanth N Aaee ||	People read and recite until they grow weary, but they do not find peace.	(ਪਰਮਾਤਮਾ ਦਾ ਅੰਤ ਪਾਣ ਵਾਸਤੇ ਅਨੇਕਾਂ ਪੁਸਤਕਾਂ) ਪੜ੍ਹ ਪੜ੍ਹ ਕੇ (ਵਿਦਵਾਨ ਲੋਕ) ਥੱਕ ਗਏ, (ਪ੍ਰਭੂ ਦਾ ਸਰੂਪ ਭੀ ਨਾਹ ਸਮਝ ਸਕੇ, ਤੇ) ਆਤਮਕ ਅਡੋਲਤਾ (ਭੀ) ਪ੍ਰਾਪਤ ਨਾਹ ਹੋਈ,
4890	120	ਤ੍ਰਿਸਨਾ ਜਾਲੇ ਸੁਧਿ ਨ ਕਾਈ॥	(ਸੁਧਿ) ਸੋਝੀ	Thrisanaa Jaalae Sudhh N Kaaee ||	Consumed by desire, they have no understanding at all.	ਸਗੋਂ (ਮਾਇਆ ਦੀ) ਤ੍ਰਿਸ਼ਨਾ (ਦੀ ਅੱਗ) ਵਿਚ ਹੀ ਸੜਦੇ ਰਹੇ।
4891	120	ਬਿਖੁ ਬਿਹਾਝਹਿ ਬਿਖੁ ਮੋਹ ਪਿਆਸੇ ਕੂੜੁ ਬੋਲਿ ਬਿਖੁ ਖਾਵਣਿਆ॥੭॥	(ਬਿਹਾਝਹਿ) ਖਰੀਦਦੇ	Bikh Bihaajhehi Bikh Moh Piaasae Koorr Bol Bikh Khaavaniaa ||7||	They purchase poison, and they are thirsty with their fascination for poison. Telling lies, they eat poison. ||7||	ਆਤਮਕ ਮੌਤ ਲਿਆਉਣ ਵਾਲੀ ਉਹ ਮਾਇਆ-ਜ਼ਹਰ ਹੀ ਇੱਕਠੀ ਕਰਦੇ ਰਹਿੰਦੇ ਹਨ, ਇਸ ਮਾਇਆ-ਜ਼ਹਰ ਦੇ ਮੋਹ ਦੀ ਹੀ ਉਹਨਾਂ ਨੂੰ ਤ੍ਰੇਹ ਲੱਗੀ ਰਹਿੰਦੀ ਹੈ, ਝੂਠ ਬੋਲ ਕੇ ਉਹ ਇਸ ਜ਼ਹਰ ਨੂੰ ਹੀ ਆਪਣੀ (ਆਤਮਕ ਖ਼ੁਰਾਕ) ਬਣਾਈ ਰੱਖਦੇ ਹਨ ॥੭॥
4892	120	ਗੁਰ ਪਰਸਾਦੀ ਏਕੋ ਜਾਣਾ॥		Gur Parasaadhee Eaeko Jaanaa ||	By Guru's Grace, I know the One.	ਹੇ ਨਾਨਕ! ਜਿਸ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ ਸਿਰਫ਼ ਇਕ ਪਰਮਾਤਮਾ ਨਾਲ ਹੀ ਡੂੰਘੀ ਸਾਂਝ ਪਾਈ,
4893	120	ਦੂਜਾ ਮਾਰਿ ਮਨੁ ਸਚਿ ਸਮਾਣਾ॥		Dhoojaa Maar Man Sach Samaanaa ||	Subduing my sense of duality, my mind is absorbed into the True One.	ਪ੍ਰਭੂ ਤੋਂ ਬਿਨਾ ਹੋਰ ਪਿਆਰ ਨੂੰ ਮਾਰ ਕੇ ਉਸ ਦਾ ਮਨ ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਲੀਨ ਹੋ ਗਿਆ।

4894	120	ਨਾਨਕ ਏਕੋ ਨਾਮੁ ਵਰਤੈ ਮਨ ਅੰਤਰਿ ਗੁਰ ਪਰਸਾਦੀ ਪਾਵਣਿਆ॥੮॥੧੭॥੧੮॥		Naanak Eaeko Naam Varathai Man Anthar Gur Parasaadhee Paavaniaa ||8||17||18||	O Nanak, the One Name is pervading deep within my mind; by Guru's Grace, I receive it. ||8||17||18||	ਜਿਨ੍ਹਾਂ ਦੇ ਮਨ ਵਿਚ ਸਿਰਫ਼ ਪਰਮਾਤਮਾ ਦਾ ਨਾਮ ਹੀ ਵੱਸਦਾ ਹੈ, ਉਹ ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਦੇ ਚਰਨਾਂ ਵਿਚ) ਮਿਲਾਪ ਹਾਸਲ ਕਰ ਲੈਂਦੇ ਹਨ ॥੮॥੧੭॥੧੮॥
4895	120	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
4896	120	ਵਰਨ ਰੂਪ ਵਰਤਹਿ ਸਭ ਤੇਰੇ॥	ਵਰਤਹਿ	Varan Roop Varathehi Sabh Thaerae ||	In all colors and forms, You are pervading.	(ਹੇ ਪ੍ਰਭੂ! ਜਗਤ ਵਿਚ ਬੇਅੰਤ ਜੀਵ ਹਨ ਇਹਨਾਂ) ਸਭਨਾਂ ਵਿਚ ਤੇਰੇ ਹੀ ਵਖ ਵਖ ਰੂਪ ਦਿੱਸ ਰਹੇ ਹਨ ਤੇਰੇ ਹੀ ਵਖ ਵਖ ਰੰਗ ਦਿੱਸ ਰਹੇ ਹਨ।
4897	120	ਮਰਿ ਮਰਿ ਜੰਮਹਿ ਫੇਰ ਪਵਹਿ ਘਣੇਰੇ॥		Mar Mar Janmehi Faer Pavehi Ghanaerae ||	People die over and over again; they are re-born, and make their rounds on the wheel of reincarnation.	(ਇਹ ਬੇਅੰਤ ਜੀਵ) ਮੁੜ ਮੁੜ ਜੰਮਦੇ ਮਰਦੇ ਰਹਿੰਦੇ ਹਨ, ਇਹਨਾਂ ਨੂੰ ਜਨਮ ਮਰਨ ਦੇ ਕਈ ਗੇੜ ਪਏ ਰਹਿੰਦੇ ਹਨ।
4898	120	ਤੂੰ ਏਕੋ ਨਿਹਚਲੁ ਅਗਮ ਅਪਾਰਾ ਗੁਰਮਤੀ ਬੂਝ ਬੁਝਾਵਣਿਆ॥੧॥		Thoon Eaeko Nihachal Agam Apaaraa Guramathee Boojh Bujhaavaniaa ||1||	You alone are Eternal and Unchanging, Inaccessible and Infinite. Through the Guru's Teachings, understanding is imparted. ||1||	(ਹੇ ਪ੍ਰਭੂ!) ਸਿਰਫ਼ ਤੂੰ ਹੀ ਅਟੱਲ ਹੈਂ ਅਪਹੁੰਚ ਹੈਂ, ਬੇਅੰਤ ਹੈਂ-ਇਹ ਸਮਝ ਤੂੰ ਹੀ ਗੁਰੂ ਦੀ ਮਤਿ ਤੇ ਤੋਰ ਕੇ ਜੀਵਾਂ ਨੂੰ ਦੇਂਦਾ ਹੈਂ ॥੧॥

4899	120	ਹਉ ਵਾਰੀ ਜੀਉ ਵਾਰੀ ਰਾਮ ਨਾਮੁ ਮੰਨਿ ਵਸਾਵਣਿਆ॥		Ho Vaaree Jeeo Vaaree Raam Naam Mann Vasaavaniaa ||	I am a sacrifice, my soul is a sacrifice, to those who enshrine the Lord's Name in their minds.	ਮੈਂ ਉਹਨਾਂ ਮਨੁੱਖਾਂ ਤੋਂ ਸਦਾ ਕੁਰਬਾਨ ਜਾਂਦਾ ਹਾਂ, ਜੇਹੜੇ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਂਦੇ ਹਨ।
4900	120	ਤਿਸੁ ਰੂਪੁ ਨ ਰੇਖਿਆ ਵਰਨੁ ਨ ਕੋਈ ਗੁਰਮਤੀ ਆਪਿ ਬੁਝਾਵਣਿਆ॥੧॥ਰਹਾਉ॥		This Roop N Raekhiaa Varan N Koee Guramathee Aap Bujhaavaniaa ||1|| Rehaao ||	The Lord has no form, features or color. Through the Guru's Teachings, He inspires us to understand Him. ||1||Pause||	ਉਸ ਪਰਮਾਤਮਾ ਦਾ ਕੋਈ ਖ਼ਾਸ ਰੂਪ ਨਹੀਂ, ਕੋਈ ਖ਼ਾਸ ਚਿਹਨ ਚੱਕਰ ਨਹੀਂ, ਕੋਈ ਖ਼ਾਸ ਰੰਗ ਨਹੀਂ। ਉਹ ਆਪ ਹੀ ਜੀਵਾਂ ਨੂੰ ਗੁਰੂ ਦੀ ਮਤਿ ਦੀ ਰਾਹੀਂ ਆਪਣੀ ਸੂਝ ਦੇਂਦਾ ਹੈ ॥੧॥ ਰਹਾਉ ॥
4901	120	ਸਭ ਏਕਾ ਜੋਤਿ ਜਾਣੈ ਜੇ ਕੋਈ॥		Sabh Eaekaa Joth Jaanai Jae Koee ||	The One Light is all-pervading; only a few know this.	ਸਾਰੀ ਸ੍ਰਿਸ਼ਟੀ ਵਿਚ ਇਕ ਪਰਮਾਤਮਾ ਦੀ ਹੀ ਜੋਤਿ ਮੌਜੂਦ ਹੈ। ਪਰ ਇਹ ਸਮਝ ਕਿਸੇ ਵਿਰਲੇ ਮਨੁੱਖ ਨੂੰ ਪੈਂਦੀ ਹੈ।
4902	120	ਸਤਿਗੁਰੁ ਸੇਵਿਐ ਪਰਗਟੁ ਹੋਈ॥		Sathigur Saeviai Paragatt Hoee ||	Serving the True Guru, this is revealed.	ਗੁਰੂ ਦੀ ਸਰਨ ਪਿਆਂ ਹੀ (ਸਭ ਜੀਵਾਂ ਵਿਚ ਵਿਆਪਕ ਜੋਤਿ) ਪ੍ਰਤੱਖ ਦਿੱਸਣ ਲੱਗ ਪੈਂਦੀ ਹੈ।

4903	120	ਗੁਪਤੁ ਪਰਗਟੁ ਵਰਤੈ ਸਭ ਥਾਈ ਜੋਤੀ ਜੋਤਿ ਮਿਲਾਵਣਿਆ॥੨॥	ਥਾਂਈਂ	Gupath Paragatt Varathai Sabh Thhaaee Jothee Joth Milaavaniaa ||2||	In the hidden and in the obvious, He is pervading all places. Our light merges into the Light. ||2||	ਸਭ ਥਾਵਾਂ ਵਿਚ ਪਰਮਾਤਮਾ ਦੀ ਜੋਤਿ ਲੁਕਵੀਂ ਭੀ ਮੌਜੂਦ ਹੈ ਤੇ ਪ੍ਰੱਤਖ ਭੀ ਮੌਜੂਦ ਹੈ। ਪ੍ਰਭੂ ਦੀ ਜੋਤਿ ਹਰੇਕ ਜੀਵ ਦੀ ਜੋਤਿ ਵਿਚ ਮਿਲੀ ਹੋਈ ਹੈ ॥੨॥
4904	120	ਤਿਸਨਾ ਅਗਨਿ ਜਲੈ ਸੰਸਾਰਾ॥		Thisanaa Agan Jalai Sansaaraa ||	The world is burning in the fire of desire,	(ਹੇ ਭਾਈ!) ਜਗਤ (ਮਾਇਆ ਦੀ) ਤ੍ਰਿਸ਼ਨਾ ਦੀ ਅੱਗ ਵਿਚ ਸੜ ਰਿਹਾ ਹੈ,
4905	120	ਲੋਭੁ ਅਭਿਮਾਨੁ ਬਹੁਤੁ ਅਹੰਕਾਰਾ॥	ਅਹੰ-ਕਾਰਾ	Lobh Abhimaan Bahuth Ahankaaraa ||	In greed, arrogance and excessive ego.	(ਇਸ ਉੱਤੇ) ਲੋਭ ਅਭਿਮਾਨ ਅਹੰਕਾਰ (ਆਪੇ ਆਪਣਾ) ਜ਼ੋਰ ਪਾ ਰਿਹਾ ਹੈ।
4906	120	ਮਰਿ ਮਰਿ ਜਨਮੈ ਪਤਿ ਗਵਾਏ ਅਪਣੀ ਬਿਰਥਾ ਜਨਮੁ ਗਵਾਵਣਿਆ॥੩॥		Mar Mar Janamai Path Gavaaeae Apanee Birathhaa Janam Gavaavaniaa ||3||	People die over and over again; they are re-born, and lose their honor. They waste away their lives in vain. ||3||	(ਤ੍ਰਿਸ਼ਨਾ ਦੀ ਅੱਗ ਦੇ ਕਾਰਨ) ਜਗਤ ਆਤਮਕ ਮੌਤ ਸਹੇੜ ਕੇ ਜਨਮ ਮਰਨ ਦੇ ਗੇੜ ਵਿਚ ਪਿਆ ਹੋਇਆ ਹੈ, ਆਪਣੀ ਇੱਜ਼ਤ ਗਵਾ ਰਿਹਾ ਹੈ, ਤੇ ਆਪਣਾ ਮਨੁੱਖਾ ਜਨਮ ਵਿਅਰਥ ਜ਼ਾਇਆ ਕਰ ਰਿਹਾ ਹੈ ॥੩॥
4907	120	ਗੁਰ ਕਾ ਸਬਦੁ ਕੋ ਵਿਰਲਾ ਬੂਝੈ॥		Gur Kaa Sabadh Ko Viralaa Boojhai ||	Those who understand the Word of the Guru's Shabad are very rare.	ਕੋਈ ਵਿਰਲਾ (ਭਾਗਾਂ ਵਾਲਾ ਮਨੁੱਖ) ਗੁਰੂ ਦੇ ਸ਼ਬਦ ਨੂੰ ਸਮਝਦਾ ਹੈ।

4908	120	ਆਪੁ ਮਾਰੇ ਤਾ ਤ੍ਰਿਭਵਣੁ ਸੂਝੈ॥		Aap Maarae Thaa Thribhavan Soojhai ||	Those who subdue their egotism, come to know the three worlds.	(ਜੇਹੜਾ ਸਮਝਦਾ ਹੈ, ਉਹ ਜਦੋਂ ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰਦਾ ਹੈ, ਤਦੋਂ ਉਹ ਪਰਮਾਤਮਾ ਨੂੰ ਤਿੰਨਾਂ ਭਵਨਾਂ ਵਿਚ ਵਿਆਪਕ ਜਾਣ ਲੈਂਦਾ ਹੈ।
4909	120	ਫਿਰਿ ਓਹੁ ਮਰੈ ਨ ਮਰਣਾ ਹੋਵੈ ਸਹਜੇ ਸਚਿ ਸਮਾਵਣਿਆ॥੪॥		Fir Ouhu Marai N Maranaa Hovai Sehajae Sach Samaavaniaa ||4||	Then, they die, never to die again. They are intuitively absorbed in the True One. ||4||	(ਇਸ ਅਵਸਥਾ ਤੇ ਪਹੁੰਚ ਕੇ) ਮੁੜ ਉਹ ਆਤਮਕ ਮੌਤ ਨਹੀਂ ਸਹੇੜਦਾ, ਆਤਮਕ ਮੌਤ ਉਸ ਦੇ ਨੇੜੇ ਨਹੀਂ ਆਉਂਦੀ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿੰਦਾ ਹੈ ॥੪॥
4910	120	ਮਾਇਆ ਮਹਿ ਫਿਰਿ ਚਿਤੁ ਨ ਲਾਏ॥		Maaeiaa Mehi Fir Chith N Laaeae ||	They do not focus their consciousness on Maya again.	(ਇਹੋ ਜਿਹੀ ਆਤਮਕ ਅਵਸਥਾ ਤੇ ਪਹੁੰਚਿਆ ਹੋਇਆ ਮਨੁੱਖ) ਮੁੜ ਕਦੇ ਮਾਇਆ (ਦੇ ਮੋਹ) ਵਿਚ ਆਪਣਾ ਮਨ ਨਹੀਂ ਜੋੜਦਾ,
4911	120	ਗੁਰ ਕੈ ਸਬਦਿ ਸਦ ਰਹੈ ਸਮਾਏ॥		Gur Kai Sabadh Sadh Rehai Samaaeae ||	They remain absorbed forever in the Word of the Guru's Shabad.	ਉਹ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਸਦਾ ਪਰਮਾਤਮਾ ਦੀ ਯਾਦ ਵਿਚ ਟਿਕਿਆ ਰਹਿੰਦਾ ਹੈ।

4912	120	ਸਚੁ ਸਲਾਹੇ ਸਭ ਘਟ ਅੰਤਰਿ ਸਚੋ ਸਚੁ ਸੁਹਾਵਣਿਆ॥੫॥	(ਸੁਹਾਵਣਿਆ) ਸੋਭ ਰਿਹਾ	Sach Salaahae Sabh Ghatt Anthar Sacho Sach Suhaavaniaa ||5||	They praise the True One, who is contained deep within all hearts. They are blessed and exalted by the Truest of the True. ||5||	ਉਹ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਹੀ ਸਿਫ਼ਤ-ਸਾਲਾਹ ਕਰਦਾ ਹੈ, ਉਸ ਨੂੰ ਇਹੀ ਦਿੱਸਦਾ ਹੈ ਕਿ ਸਾਰੇ ਸਰੀਰਾਂ ਵਿਚ ਉਹ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਹੀ ਸੋਭਾ ਦੇ ਰਿਹਾ ਹੈ ॥੫॥
4913	120	ਸਚੁ ਸਾਲਾਹੀ ਸਦਾ ਹਜੂਰੇ॥		Sach Saalaahee Sadhaa Hajoorae ||	Praise the True One, who is Ever-present.	(ਹੇ ਭਾਈ!) ਮੈਂ ਤਾਂ ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹਾਂ, ਜੋ ਸਦਾ (ਸਭ ਜੀਵਾਂ ਦੇ) ਅੰਗ ਸੰਗ ਵੱਸਦਾ ਹੈ।
4914	120	ਗੁਰ ਕੈ ਸਬਦਿ ਰਹਿਆ ਭਰਪੂਰੇ॥		Gur Kai Sabadh Rehiaa Bharapoorae ||	Through the Word of the Guru's Shabad, He is pervading everywhere.	ਗੁਰੂ ਦੇ ਸ਼ਬਦ ਵਿਚ ਜੁੜਿਆਂ ਉਹ ਹਰ ਥਾਂ ਹੀ ਵੱਸਦਾ ਦਿੱਸਣ ਲੱਗ ਪੈਂਦਾ ਹੈ।
4915	120	ਗੁਰ ਪਰਸਾਦੀ ਸਚੁ ਨਦਰੀ ਆਵੈ ਸਚੇ ਹੀ ਸੁਖੁ ਪਾਵਣਿਆ॥੬॥		Gur Parasaadhee Sach Nadharee Aavai Sachae Hee Sukh Paavaniaa ||6||	By Guru's Grace, we come to behold the True One; from the True One, peace is obtained. ||6||	ਜਿਸ ਮਨੁੱਖ ਨੂੰ ਗੁਰੂ ਦੀ ਕਿਰਪਾ ਨਾਲ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ (ਹਰ ਥਾਂ ਵੱਸਦਾ) ਦਿੱਸ ਪੈਂਦਾ ਹੈ, ਉਹ ਉਸ ਸਦਾ-ਥਿਰ ਵਿਚ ਹੀ ਲੀਨ ਰਹਿ ਕੇ ਆਤਮਕ ਆਨੰਦ ਮਾਣਦਾ ਹੈ ॥੬॥
4916	120	ਸਚੁ ਮਨ ਅੰਦਰਿ ਰਹਿਆ ਸਮਾਇ॥		Sach Man Andhar Rehiaa Samaae ||	The True One permeates and pervades the mind within.	ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਹਰੇਕ ਮਨੁੱਖ ਦੇ ਮਨ ਵਿਚ ਧੁਰ ਅੰਦਰ ਮੌਜੂਦ ਰਹਿੰਦਾ ਹੈ।

4917	120	ਸਦਾ ਸਚੁ ਨਿਹਚਲੁ ਆਵੈ ਨ ਜਾਇ॥		Sadhaa Sach Nihachal Aavai N Jaae ||	The True One is Eternal and Unchanging; He does not come and go in reincarnation.	ਉਹ ਆਪ ਸਦਾ ਅਟੱਲ ਰਹਿੰਦਾ ਹੈ, ਨਾਹ ਕਦੇ ਜੰਮਦਾ ਹੈ ਨਾਹ ਮਰਦਾ ਹੈ।
4918	120	ਸਚੇ ਲਾਗੈ ਸੋ ਮਨੁ ਨਿਰਮਲੁ ਗੁਰਮਤੀ ਸਚਿ ਸਮਾਵਣਿਆ॥੭॥		Sachae Laagai So Man Niramal Guramathee Sach Samaavaniaa ||7||	Those who are attached to the True One are immaculate and pure. Through the Guru's Teachings, they merge in the True One. ||7||	ਜੇਹੜਾ ਮਨ ਉਸ ਸਦਾ-ਥਿਰ ਪ੍ਰਭੂ ਵਿਚ ਪਿਆਰ ਪਾ ਲੈਂਦਾ ਹੈ, ਉਹ ਪਵਿੱਤਰ ਹੋ ਜਾਂਦਾ ਹੈ, ਗੁਰੂ ਦੀ ਮਤਿ ਉੱਤੇ ਤੁਰ ਕੇ ਉਹ ਉਸ ਸਦਾ-ਥਿਰ ਰਹਿਣ ਵਾਲੇ (ਦੀ ਯਾਦ) ਵਿਚ ਜੁੜਿਆ ਰਹਿੰਦਾ ਹੈ ॥੭॥
4919	120	ਸਚੁ ਸਾਲਾਹੀ ਅਵਰੁ ਨ ਕੋਈ॥		Sach Saalaahee Avar N Koee ||	Praise the True One, and no other.	(ਹੇ ਭਾਈ!) ਮੈਂ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਹੀ ਸਿਫ਼ਤ-ਸਾਲਾਹ ਕਰਦਾ ਹਾਂ। ਮੈਨੂੰ ਕਿਤੇ ਉਸ ਵਰਗਾ ਕੋਈ ਹੋਰ ਨਹੀਂ ਦਿੱਸਦਾ।
4920	120	ਜਿਤੁ ਸੇਵਿਐ ਸਦਾ ਸੁਖੁ ਹੋਈ॥		Jith Saeviai Sadhaa Sukh Hoee ||	Serving Him, eternal peace is obtained.	ਉਸ ਸਦਾ-ਥਿਰ ਪ੍ਰਭੂ ਦਾ ਸਿਮਰਨ ਕੀਤਿਆਂ ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ।

4921	121	ਨਾਨਕ ਨਾਮਿ ਰਤੇ ਵੀਚਾਰੀ ਸਚੋ ਸਚੁ ਕਮਾਵਣਿਆ॥੮॥੧੮॥੧੯॥		Naanak Naam Rathae Veechaaree Sacho Sach Kamaavaniaa ||8||18||19||	O Nanak, those who are attuned to the Naam, reflect deeply on the Truth; they practice only Truth. ||8||18||19||	ਹੇ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦੇ ਨਾਮ (-ਰੰਗ) ਵਿਚ ਰੰਗੇ ਜਾਂਦੇ ਹਨ, ਉਹ ਚੰਗੀ ਮੰਦੀ ਕਰਤੂਤਿ ਨੂੰ ਪਰਖਣ ਜੋਗੇ ਹੋ ਜਾਂਦਾ ਹਨ, ਤੇ ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਸਿਮਰਨ ਦੀ ਕਮਾਈ ਕਰਦੇ ਹਨ ॥੮॥੧੮॥੧੯॥
4922	121	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
4923	121	ਨਿਰਮਲ ਸਬਦੁ ਨਿਰਮਲ ਹੈ ਬਾਣੀ॥		Niramal Sabadh Niramal Hai Baanee ||	The Word of the Shabad is Immaculate and Pure; the Bani of the Word is Pure.	ਉਸ ਦੀ ਸਿਫ਼ਤ-ਸਾਲਾਹ ਦਾ ਸ਼ਬਦ (ਸਭ ਨੂੰ) ਪਵਿਤ੍ਰ ਕਰਨ ਵਾਲਾ ਹੈ।
4924	121	ਨਿਰਮਲ ਜੋਤਿ ਸਭ ਮਾਹਿ ਸਮਾਣੀ॥		Niramal Joth Sabh Maahi Samaanee ||	The Light which is pervading among all is Immaculate.	ਪਰਮਾਤਮਾ ਦੀ ਪਵਿੱਤ੍ਰ ਜੋਤਿ ਸਭ ਜੀਵਾਂ ਵਿਚ ਸਮਾਈ ਹੋਈ ਹੈ।
4925	121	ਨਿਰਮਲ ਬਾਣੀ ਹਰਿ ਸਾਲਾਹੀ ਜਪਿ ਹਰਿ ਨਿਰਮਲੁ ਮੈਲੁ ਗਵਾਵਣਿਆ॥੧॥		Niramal Baanee Har Saalaahee Jap Har Niramal Mail Gavaavaniaa ||1||	So praise the Immaculate Word of the Lord's Bani; chanting the Immaculate Name of the Lord, all filth is washed away. ||1||	(ਹੇ ਭਾਈ!) ਮੈਂ ਉਸ ਹਰੀ ਦੀ ਪਵਿਤ੍ਰ ਬਾਣੀ ਦੀ ਰਾਹੀਂ ਉਸ ਦੀ ਸਿਫ਼ਤ-ਸਾਲਾਹ ਕਰਦਾ ਹਾਂ। ਪਰਮਾਤਮਾ ਦਾ ਨਾਮ ਜਪ ਕੇ ਪਵਿਤ੍ਰ ਹੋ ਜਾਈਦਾ ਹੈ, (ਵਿਕਾਰਾਂ ਦੀ) ਮੈਲ (ਮਨ ਵਿਚੋਂ) ਦੂਰ ਕਰ ਲਈਦੀ ਹੈ ॥੧॥

4926	121	ਹਉ ਵਾਰੀ ਜੀਉ ਵਾਰੀ ਸੁਖਦਾਤਾ ਮੰਨਿ ਵਸਾਵਣਿਆ॥		Ho Vaaree Jeeo Vaaree Sukhadhaathaa Mann Vasaavaniaa ||	I am a sacrifice, my soul is a sacrifice, to those who enshrine the Giver of peace within their minds.	ਮੈਂ ਉਹਨਾਂ ਤੋਂ ਸਦਕੇ ਹਾਂ ਕੁਰਬਾਨ ਹਾਂ, ਜੇਹੜੇ ਸੁੱਖ ਦੇਣ ਵਾਲੇ ਪਰਮਾਤਮਾ ਨੂੰ ਆਪਣੇ ਮਨ ਵਿਚ ਵਸਾਂਦੇ ਹਨ।
4927	121	ਹਰਿ ਨਿਰਮਲੁ ਗੁਰ ਸਬਦਿ ਸਲਾਹੀ ਸਬਦੋ ਸੁਣਿ ਤਿਸਾ ਮਿਟਾਵਣਿਆ॥੧॥ਰਹਾਉ॥	ਤਿਸਾ: ਪੋਲਾ ਬੋਲੋ	Har Niramal Gur Sabadh Salaahee Sabadho Sun Thisaa Mittaavaniaa ||1|| Rehaao ||	Praise the Immaculate Lord, through the Word of the Guru's Shabad. Listen to the Shabad, and quench your thirst. ||1||Pause||	ਮੈਂ ਗੁਰੂ ਦੇ ਸ਼ਬਦ ਵਿਚ ਜੁੜ ਕੇ ਪਵਿਤ੍ਰ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹਾਂ। ਗੁਰੂ ਦਾ ਸ਼ਬਦ ਹੀ ਸੁਣ ਕੇ ਮੈਂ (ਆਪਣੇ ਅੰਦਰੋਂ ਮਾਇਆ ਦੀ) ਤ੍ਰਿਸ਼ਨਾ ਮਿਟਾਂਦਾ ਹਾਂ ॥੧॥ ਰਹਾਉ ॥
4928	121	ਨਿਰਮਲ ਨਾਮੁ ਵਸਿਆ ਮਨਿ ਆਏ॥		Niramal Naam Vasiaa Man Aaeae ||	When the Immaculate Naam comes to dwell in the mind,	(ਜਿਸ ਮਨੁੱਖ ਦੇ) ਮਨ ਵਿਚ ਪਵਿਤ੍ਰ ਪਰਮਾਤਮਾ ਦਾ ਨਾਮ ਆ ਵੱਸਦਾ ਹੈ,
4929	121	ਮਨੁ ਤਨੁ ਨਿਰਮਲੁ ਮਾਇਆ ਮੋਹੁ ਗਵਾਏ॥		Man Than Niramal Maaeiaa Mohu Gavaaeae ||	The mind and body become Immaculate, and emotional attachment to Maya departs.	ਉਸ ਦਾ ਮਨ ਪਵਿਤ੍ਰ ਹੋ ਜਾਂਦਾ ਹੈ, ਉਸ ਦਾ ਤਨ ਪਵਿਤ੍ਰ ਹੋ ਜਾਂਦਾ ਹੈ। (ਆਪਣੇ ਅੰਦਰੋਂ) ਮਾਇਆ ਦਾ ਮੋਹ ਦੂਰ ਕਰ ਲੈਂਦਾ ਹੈ।

4930	121	ਨਿਰਮਲ ਗੁਣ ਗਾਵੈ ਨਿਤ ਸਾਚੇ ਕੇ ਨਿਰਮਲ ਨਾਦੁ ਵਜਾਵਣਿਆ॥੨॥	(ਨਾਦੁ) ਸ਼ਬਦ	Niramal Gun Gaavai Nith Saachae Kae Niramal Naadh Vajaavaniaa ||2||	Sing the Glorious Praises of the Immaculate True Lord forever, and the Immaculate Sound-current of the Naad shall vibrate within. ||2||	ਉਹ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਪਵਿਤ੍ਰ ਗੁਣ ਸਦਾ ਗਾਂਦਾ ਹੈ (ਜਿਵੇਂ ਜੋਗੀ ਨਾਦ ਵਜਾਂਦਾ ਹੈ) ਉਹ ਮਨੁੱਖ ਸਿਫ਼ਤ-ਸਾਲਾਹ ਦਾ (ਮਾਨੋ) ਨਾਦ ਵਜਾਂਦਾ ਹੈ ॥੨॥
4931	121	ਨਿਰਮਲ ਅੰਮ੍ਰਿਤੁ ਗੁਰ ਤੇ ਪਾਇਆ॥		Niramal Anmrith Gur Thae Paaeiaa ||	The Immaculate Ambrosial Nectar is obtained from the Guru.	ਜਿਸ ਮਨੁੱਖ ਨੇ ਗੁਰੂ ਪਾਸੋਂ ਪਵਿਤ੍ਰ ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪ੍ਰਾਪਤ ਕਰ ਲਿਆ,
4932	121	ਵਿਚਹੁ ਆਪੁ ਮੁਆ ਤਿਥੈ ਮੋਹੁ ਨ ਮਾਇਆ॥		Vichahu Aap Muaa Thithhai Mohu N Maaeiaa ||	When selfishness and conceit are eradicated from within, then there is no attachment to Maya.	ਉਸ ਦੇ ਅੰਦਰੋਂ ਆਪਾ-ਭਾਵ ਮੁੱਕ ਜਾਂਦਾ ਹੈ, ਉਸ ਦੇ ਹਿਰਦੇ ਵਿਚ, ਮਾਇਆ ਦਾ ਮੋਹ ਨਹੀਂ ਰਹਿ ਜਾਂਦਾ।
4933	121	ਨਿਰਮਲ ਗਿਆਨੁ ਧਿਆਨੁ ਅਤਿ ਨਿਰਮਲੁ ਨਿਰਮਲ ਬਾਣੀ ਮੰਨਿ ਵਸਾਵਣਿਆ॥੩॥		Niramal Giaan Dhhiaan Ath Niramal Niramal Baanee Mann Vasaavaniaa ||3||	Immaculate is the spiritual wisdom, and utterly immaculate is the meditation, of those whose minds are filled with the Immaculate Bani of the Word. ||3||	(ਜਿਉਂ ਜਿਉਂ ਉਹ ਮਨੁੱਖ) ਪਰਮਾਤਮਾ ਦੀ ਸਿਫ਼ਤ-ਸਾਲਾਹ ਵਾਲੀ ਪਵਿਤ੍ਰ ਬਾਣੀ ਆਪਣੇ ਮਨ ਵਿਚ ਵਸਾਂਦਾ ਹੈ, ਪਰਮਾਤਮਾ ਨਾਲ ਉਸ ਦੀ ਪਵਿਤ੍ਰ ਡੂੰਘੀ ਸਾਂਝ ਬਣਦੀ ਹੈ, ਉਸ ਦੀ ਸੁਰਤ ਪ੍ਰਭੂ-ਚਰਨਾਂ ਨਾਲ ਜੁੜਦੀ ਹੈ ਜੋ ਉਸ ਨੂੰ (ਹੋਰ) ਪਵਿਤ੍ਰ ਕਰਦੀ ਹੈ ॥੩॥

4934	121	ਜੋ ਨਿਰਮਲੁ ਸੇਵੇ ਸੁ ਨਿਰਮਲੁ ਹੋਵੈ॥		Jo Niramal Saevae S Niramal Hovai ||	One who serves the Immaculate Lord becomes immaculate.	ਜੇਹੜਾ ਮਨੁੱਖ ਪਵਿਤ੍ਰ ਪਰਮਾਤਮਾ ਦਾ ਸਿਮਰਨ ਕਰਦਾ ਹੈ, ਉਹ (ਆਪ ਭੀ) ਪਵਿਤ੍ਰ ਹੋ ਜਾਂਦਾ ਹੈ।
4935	121	ਹਉਮੈ ਮੈਲੁ ਗੁਰ ਸਬਦੇ ਧੋਵੈ॥		Houmai Mail Gur Sabadhae Dhhovai ||	Through the Word of the Guru's Shabad, the filth of egotism is washed away.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ (ਆਪਣੇ ਮਨ ਵਿਚੋਂ) ਹਉਮੈ ਦੀ ਮੈਲ ਧੋ ਲੈਂਦਾ ਹੈ।
4936	121	ਨਿਰਮਲ ਵਾਜੈ ਅਨਹਦ ਧੁਨਿ ਬਾਣੀ ਦਰਿ ਸਚੈ ਸੋਭਾ ਪਾਵਣਿਆ॥੪॥		Niramal Vaajai Anehadh Dhhun Baanee Dhar Sachai Sobhaa Paavaniaa ||4||	The Immaculate Bani and the Unstruck Melody of the Sound-current vibrate, and in the True Court, honor is obtained. ||4||	ਉਸ ਮਨੁੱਖ ਦੇ ਅੰਦਰ ਇਕ-ਰਸ ਲਗਨ ਪੈਦਾ ਕਰਨ ਵਾਲੀ ਸਿਫ਼ਤ-ਸਾਲਾਹ ਦੀ ਪਵਿਤ੍ਰ ਬਾਣੀ ਆਪਣਾ ਪ੍ਰਭਾਵ ਪਾਈ ਰੱਖਦੀ ਹੈ, ਤੇ ਉਹ ਸਦਾ-ਥਿਰ ਪ੍ਰਭੂ ਦੇ ਦਰ ਤੇ ਸੋਭਾ ਪਾਂਦਾ ਹੈ ॥੪॥
4937	121	ਨਿਰਮਲ ਤੇ ਸਭ ਨਿਰਮਲ ਹੋਵੈ॥		Niramal Thae Sabh Niramal Hovai ||	Through the Immaculate Lord, all become immaculate.	ਪਵਿਤ੍ਰ ਪਰਮਾਤਮਾ ਦੀ (ਨਾਮ-) ਛੁਹ ਨਾਲ ਸਾਰੀ ਲੁਕਾਈ ਪਵਿਤ੍ਰ ਹੋ ਜਾਂਦੀ ਹੈ।
4938	121	ਨਿਰਮਲੁ ਮਨੂਆ ਹਰਿ ਸਬਦਿ ਪਰੋਵੈ॥		Niramal Manooaa Har Sabadh Parovai ||	Immaculate is the mind which weaves the Word of the Lord's Shabad into itself.	(ਜਿਉਂ ਜਿਉਂ ਮਨੁੱਖ ਆਪਣੇ ਮਨ ਨੂੰ) ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਪ੍ਰੋਂਦਾ ਹੈ (ਤਿਉਂ ਤਿਉਂ ਉਸ ਦਾ) ਮਨ ਪਵਿਤ੍ਰ ਹੁੰਦਾ ਜਾਂਦਾ ਹੈ।

4939	121	ਨਿਰਮਲ ਨਾਮਿ ਲਗੇ ਬਡਭਾਗੀ ਨਿਰਮਲੁ ਨਾਮਿ ਸੁਹਾਵਣਿਆ॥੫॥		Niramal Naam Lagae Baddabhaagee Niramal Naam Suhaavaniaa ||5||	Blessed and very fortunate are those who are committed to the Immaculate Name; through the Immaculate Name, they are blessed and beautified. ||5||	ਵੱਡੇ ਭਾਗਾਂ ਵਾਲੇ ਮਨੁੱਖ ਹੀ ਪਵਿਤ੍ਰ ਪ੍ਰਭੂ ਦੇ ਨਾਮ ਵਿਚ ਲੀਨ ਹੁੰਦੇ ਹਨ। ਜੇਹੜਾ ਮਨੁੱਖ ਨਾਮ ਵਿਚ ਜੁੜਦਾ ਹੈ, ਉਹ ਪਵਿਤ੍ਰ ਜੀਵਨ ਵਾਲਾ ਬਣ ਜਾਂਦਾ ਹੈ, ਉਹ ਸੋਹਣੇ ਜੀਵਨ ਵਾਲਾ ਬਣ ਜਾਂਦਾ ਹੈ ॥੫॥
4940	121	ਸੋ ਨਿਰਮਲੁ ਜੋ ਸਬਦੇ ਸੋਹੈ॥	(ਸੋਹੈ) ਸੋਭਨੀਕ ਹੋਵੇ	So Niramal Jo Sabadhae Sohai ||	Immaculate is the one who is adorned with the Shabad.	ਉਹੀ ਮਨੁੱਖ ਪਵਿਤ੍ਰ ਜੀਵਨ ਵਾਲਾ ਬਣਦਾ ਹੈ, ਜੇਹੜਾ ਗੁਰੂ ਦੇ ਸ਼ਬਦ ਵਿਚ ਜੁੜ ਕੇ ਸੋਹਣੇ ਜੀਵਨ ਵਾਲਾ ਬਣਦਾ ਹੈ।
4941	121	ਨਿਰਮਲ ਨਾਮਿ ਮਨੁ ਤਨੁ ਮੋਹੈ॥		Niramal Naam Man Than Mohai ||	The Immaculate Naam, the Name of the Lord, entices the mind and body.	ਪਵਿਤ੍ਰ ਪ੍ਰਭੂ ਦੇ ਨਾਮ ਵਿਚ ਉਸ ਦਾ ਮਨ ਮਸਤ ਰਹਿੰਦਾ ਹੈ, ਉਸ ਦਾ ਤਨ (ਭਾਵ, ਹਰੇਕ ਗਿਆਨ-ਇੰਦ੍ਰਾ) ਮਸਤ ਰਹਿੰਦਾ ਹੈ।
4942	121	ਸਚਿ ਨਾਮਿ ਮਲੁ ਕਦੇ ਨ ਲਾਗੈ ਮੁਖੁ ਊਜਲੁ ਸਚੁ ਕਰਾਵਣਿਆ॥੬॥		Sach Naam Mal Kadhae N Laagai Mukh Oojal Sach Karaavaniaa ||6||	No filth ever attaches itself to the True Name; one's face is made radiant by the True One. ||6||	ਸਦਾ-ਥਿਰ ਪਰਮਾਤਮਾ ਦੇ ਨਾਮ ਵਿਚ ਜੁੜਨ ਕਰ ਕੇ ਉਸ ਨੂੰ (ਵਿਕਾਰਾਂ ਦੀ) ਮੈਲ ਕਦੇ ਨਹੀਂ ਲਗਦੀ। ਸਦਾ-ਥਿਰ ਰਹਿਣ ਵਾਲਾ ਪ੍ਰਭੂ ਉਸ ਦਾ ਮੂੰਹ (ਲੋਕ ਪਰਲੋਕ ਵਿਚ) ਉਜਲਾ ਕਰ ਦੇਂਦਾ ਹੈ ॥੬॥
4943	121	ਮਨੁ ਮੈਲਾ ਹੈ ਦੂਜੈ ਭਾਇ॥		Man Mailaa Hai Dhoojai Bhaae ||	The mind is polluted by the love of duality.	ਪਰ ਜੇਹੜਾ ਮਨੁੱਖ ਮਾਇਆ ਦੇ ਪਿਆਰ ਵਿਚ ਮਸਤ ਰਹਿੰਦਾ ਹੈ, ਉਸ ਦਾ ਮਨ (ਵਿਕਾਰਾਂ ਦੀ ਮੈਲ ਨਾਲ) ਮੈਲਾ (ਹੀ) ਰਹਿੰਦਾ ਹੈ।

4944	121	ਮੈਲਾ ਚਉਕਾ ਮੈਲੈ ਥਾਇ॥		Mailaa Choukaa Mailai Thhaae ||	Filthy is that kitchen, and filthy is that dwelling;	(ਉਹ ਲਕੀਰਾਂ ਕੱਢ ਕੱਢ ਕੇ ਬੇਸ਼ੱਕ ਸੁੱਚੇ ਚੌਕੇ ਬਣਾਏ, ਪਰ ਉਸ ਦੇ ਹਿਰਦੇ ਦਾ) ਚੌਕਾ ਮੈਲਾ ਹੀ ਰਹਿੰਦਾ ਹੈ (ਉਹ ਦੀ ਸੁਰਤ ਸਦਾ) ਮੈਲੇ ਥਾਂ ਵਿਚ ਹੀ ਟਿਕੀ ਰਹਿੰਦੀ ਹੈ।
4945	121	ਮੈਲਾ ਖਾਇ ਫਿਰਿ ਮੈਲੁ ਵਧਾਏ ਮਨਮੁਖ ਮੈਲੁ ਦੁਖੁ ਪਾਵਣਿਆ॥੭॥		Mailaa Khaae Fir Mail Vadhhaaeae Manamukh Mail Dhukh Paavaniaa ||7||	Eating filth, the self-willed manmukhs become even more filthy. Because of their filth, they suffer in pain. ||7||	ਉਹ ਮਨੁੱਖ (ਵਿਕਾਰਾਂ ਦੀ) ਮੈਲ ਨੂੰ ਹੀ ਆਪਣੀ ਆਤਮਕ ਖ਼ੁਰਾਕ ਬਣਾਈ ਰੱਖਦਾ ਹੈ, (ਜਿਸ ਕਰਕੇ ਉਹ ਆਪਣੇ ਅੰਦਰ) ਹੋਰ ਹੋਰ (ਵਿਕਾਰਾਂ ਦੀ) ਮੈਲ ਵਧਾਂਦਾ ਜਾਂਦਾ ਹੈ। (ਇਸ ਤਰ੍ਹਾਂ) ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਵਿਕਾਰਾਂ ਦੀ) ਮੈਲ (ਵਧਾ ਵਧਾ ਕੇ) ਦੁੱਖ ਸਹਾਰਦਾ ਹੈ ॥੭॥
4946	121	ਮੈਲੇ ਨਿਰਮਲ ਸਭਿ ਹੁਕਮਿ ਸਬਾਏ॥	(ਸਬਾਏ) ਸਾਰੇ	Mailae Niramal Sabh Hukam Sabaaeae ||	The filthy, and the immaculate as well, are all subject to the Hukam of God's Command.	(ਪਰ ਜੀਵਾਂ ਦੇ ਕੀਹ ਵੱਸ?) ਵਿਕਾਰੀ ਜੀਵ ਤੇ ਪਵਿਤ੍ਰ-ਆਤਮਾ ਜੀਵ ਸਾਰੇ ਪਰਮਾਤਮਾ ਦੇ ਹੁਕਮ ਵਿਚ (ਹੀ ਤੁਰ ਰਹੇ ਹਨ)।
4947	121	ਸੇ ਨਿਰਮਲ ਜੋ ਹਰਿ ਸਾਚੇ ਭਾਏ॥		Sae Niramal Jo Har Saachae Bhaaeae ||	They alone are immaculate, who are pleasing to the True Lord.	ਜੇਹੜੇ ਬੰਦੇ ਸਦਾ-ਥਿਰ ਹਰੀ ਨੂੰ ਪਿਆਰੇ ਲੱਗ ਪੈਂਦੇ ਹਨ, ਉਹ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ।

4948	121	ਨਾਨਕ ਨਾਮੁ ਵਸੈ ਮਨ ਅੰਤਰਿ ਗੁਰਮੁਖਿ ਮੈਲੁ ਚੁਕਾਵਣਿਆ॥੮॥੧੯॥੨੦॥		Naanak Naam Vasai Man Anthar Guramukh Mail Chukaavaniaa ||8||19||20||	O Nanak, the Naam abides deep within the minds of the Gurmukhs, who are cleansed of all their filth. ||8||19||20||	ਹੇ ਨਾਨਕ! ਜੇਹੜਾ ਮਨੁੱਖ ਗੁਰੂ ਦੇ ਦੱਸੇ ਰਾਹ ਉੱਤੇ ਤੁਰਦਾ ਹੈ, ਉਸ ਦੇ ਮਨ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ, ਉਹ (ਆਪਣੇ ਅੰਦਰੋਂ ਵਿਕਾਰ ਆਦਿਕਾਂ ਦੀ) ਮੈਲ ਦੂਰ ਕਰ ਲੈਂਦਾ ਹੈ ॥੮॥੧੯॥੨੦॥
4949	121	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
4950	121	ਗੋਵਿੰਦੁ ਊਜਲੁ ਊਜਲ ਹੰਸਾ॥	ਧੰਨ ਗੁਰੂ ਨਾਨਕ ਦੇਵ ਸਾਹਿਬ ਜੀ (ਗੋਵਿੰਦੁ) ਵਾਹਿਗੁਰੂ ਜੀ ਦੇ (ਊਜਲੁ) ਪਵਿੱਤ੍ਰ ਸਰੂਪ ਹਨ ਅਤੇ ਉਨਾਂ ਦੀ ਬਖ਼ਸ਼ੀ ਸਿੱਖੀ ਕਮਾਉਣ ਵਾਲੇ (ਹੰਸਾ) ਗੁਰਸਿੱਖ ਭੀ ਉਨਾਂ ਦਾ ਹੀ (ਊਜਲ) ਪਵਿੱਤ੍ਰ ਸਰੂਪ ਹੋ ਜਾਂਦੇ ਹਨ	Govindh Oojal Oojal Hansaa ||	The Lord of the Universe is radiant, and radiant are His soul-swans.	(ਪਰਮਾਤਮਾ ਦਾ ਪਵਿੱਤ੍ਰ ਨਾਮ ਜਪਣ ਵਾਲੇ) ਮਨੁੱਖ ਪਵਿਤ੍ਰ ਗੋਬਿੰਦ ਦਾ ਰੂਪ ਹੋ ਜਾਂਦੇ ਹਨ, ਪਰਮਾਤਮਾ-ਸਰੋਵਰ ਦੇ ਉਹ, (ਮਾਨੋ) ਸੋਹਣੇ ਹੰਸ ਬਣ ਜਾਂਦੇ ਹਨ।
4951	121	ਮਨੁ ਬਾਣੀ ਨਿਰਮਲ ਮੇਰੀ ਮਨਸਾ॥	(ਮਨਸਾ) ਬੁੱਧੀ	Man Baanee Niramal Maeree Manasaa ||	Their minds and their speech are immaculate; they are my hope and ideal.	ਉਹ ਦਾ ਮਨ ਪਵਿੱਤ੍ਰ ਹੋ ਜਾਂਦਾ ਹੈ, ਵਿਚ ਬੋਲੀ ਪਵਿੱਤ੍ਰ ਹੋ ਜਾਂਦੀ ਹੈ ਅਤੇ ਉਨ੍ਹਾਂ ਦੇ ਮਨ ਵਿੱਚ (ਭੀ) ਸੁੱਧ (ਫੁਰਨੇ) ਉਠਦੇ ਹਨ।

4952	121	ਮਨਿ ਊਜਲ ਸਦਾ ਮੁਖ ਸੋਹਹਿ ਅਤਿ ਊਜਲ ਨਾਮੁ ਧਿਆਵਣਿਆ॥੧॥	ਸੋਹਹਿ	Man Oojal Sadhaa Mukh Sohehi Ath Oojal Naam Dhhiaavaniaa ||1||	Their minds are radiant, and their faces are always beautiful; they meditate on the most radiant Naam, the Name of the Lord. ||1||	ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ, ਉਹ ਬਹੁਤ ਪਵਿਤ੍ਰ-ਆਤਮਾ ਹੋ ਜਾਂਦੇ ਹਨ, ਉਹਨਾਂ ਦੇ ਮੂੰਹ (ਭੀ) ਸੋਹਣੇ ਦਿੱਸਦੇ ਹਨ ॥੧॥
4953	121	ਹਉ ਵਾਰੀ ਜੀਉ ਵਾਰੀ ਗੋਬਿੰਦ ਗੁਣ ਗਾਵਣਿਆ॥		Ho Vaaree Jeeo Vaaree Gobindh Gun Gaavaniaa ||	I am a sacrifice, my soul is a sacrifice, to those who sing the Glorious Praises of the Lord of the Universe.	ਮੈਂ ਉਸ ਮਨੁੱਖ ਤੋਂ ਸਦਾ ਸਦਕੇ ਵਾਰਨੇ ਜਾਂਦਾ ਹਾਂ, ਜੇਹੜਾ ਗੋਬਿੰਦ ਦੇ ਗੁਣ ਸਦਾ ਗਾਂਦਾ ਹੈ,
4954	121	ਗੋਬਿਦੁ ਗੋਬਿਦੁ ਕਹੈ ਦਿਨੁ ਰਾਤੀ ਗੋਬਿਦ ਗੁਣ ਸਬਦਿ ਸੁਣਾਵਣਿਆ॥੧॥ਰਹਾਉ॥		Gobidh Gobidh Kehai Dhin Raathee Gobidh Gun Sabadh Sunaavaniaa ||1|| Rehaao ||	So chant Gobind, Gobind, the Lord of the Universe, day and night; sing the Glorious Praises of the Lord Gobind, through the Word of His Shabad. ||1||Pause||	ਜੇਹੜਾ ਦਿਨ ਰਾਤ ਗੋਬਿੰਦ ਦਾ ਨਾਮ ਉਚਾਰਦਾ ਹੈ, ਜੇਹੜਾ ਗੁਰੂ ਦੇ ਸ਼ਬਦ ਦੀ ਰਾਹੀਂ (ਹੋਰਨਾਂ ਨੂੰ ਭੀ) ਗੋਬਿੰਦ ਦੇ ਗੁਣ ਸੁਣਾਂਦਾ ਹੈ ॥੧॥ ਰਹਾਉ ॥
4955	121	ਗੋਬਿਦੁ ਗਾਵਹਿ ਸਹਜਿ ਸੁਭਾਏ॥		Gobidh Gaavehi Sehaj Subhaaeae ||	Sing of the Lord Gobind with intuitive ease,	ਜੇਹੜੇ ਮਨੁੱਖ ਗੋਬਿੰਦ (ਦੇ ਗੁਣ) ਆਤਮਕ ਅਡੋਲਤਾ ਵਿਚ (ਪ੍ਰਭੂ ਚਰਨਾਂ ਦੇ) ਪ੍ਰੇਮ ਵਿਚ (ਟਿਕ ਕੇ) ਗਾਂਦੇ ਹਨ,

4956	121	ਗੁਰ ਕੈ ਭੈ ਊਜਲ ਹਉਮੈ ਮਲੁ ਜਾਏ॥		Gur Kai Bhai Oojal Houmai Mal Jaaeae ||	In the Fear of the Guru; you shall become radiant, and the filth of egotism shall depart.	ਗੁਰੂ ਦੇ ਡਰ-ਅਦਬ ਵਿਚ ਰਹਿ ਕੇ ਉਹ (ਲੋਕ ਪਰਲੋਕ ਵਿਚ) ਸੁਰਖ਼ਰੂ ਹੋ ਜਾਂਦੇ ਹਨ, (ਉਹਨਾਂ ਦੇ ਅੰਦਰੋਂ) ਹਉਮੈ ਦੀ ਮੈਲ ਦੂਰ ਹੋ ਜਾਂਦੀ ਹੈ।
4957	121	ਸਦਾ ਅਨੰਦਿ ਰਹਹਿ ਭਗਤਿ ਕਰਹਿ ਦਿਨੁ ਰਾਤੀ ਸੁਣਿ ਗੋਬਿੰਦੁ ਗੁਣ ਗਾਵਣਿਆ॥੨॥		Sadhaa Anandh Rehehi Bhagath Karehi Dhin Raathee Sun Gobidh Gun Gaavaniaa ||2||	Remain in bliss forever, and perform devotional worship, day and night. Hear and sing the Glorious Praises of the Lord Gobind. ||2||	ਉਹ ਦਿਨ ਰਾਤ ਪਰਮਾਤਮਾ ਦੀ ਭਗਤੀ ਕਰਦੇ ਹਨ, ਸਦਾ ਆਤਮਕ ਆਨੰਦ ਵਿਚ ਮਗਨ ਰਹਿੰਦੇ ਹਨ, ਉਹ (ਹੋਰਨਾਂ ਪਾਸੋਂ) ਸੁਣ ਕੇ (ਭਾਵ, ਉਹ ਗੋਬਿੰਦ ਦੇ ਗੁਣ ਸੁਣਦੇ ਭੀ ਹਨ, ਤੇ) ਗੋਬਿੰਦ ਦੇ ਗੁਣ ਗਾਂਦੇ (ਭੀ) ਹਨ ॥੨॥
4958	121	ਮਨੂਆ ਨਾਚੈ ਭਗਤਿ ਦ੍ਰਿੜਾਏ॥		Manooaa Naachai Bhagath Dhrirraaeae ||	Channel your dancing mind in devotional worship,	ਜਿਉਂ ਜਿਉਂ ਮਨੁੱਖ ਭਗਤੀ ਦ੍ਰਿੜ੍ਹ ਕਰਦਾ ਹੈ ਉਸ ਦਾ ਮਨ ਹੁਲਾਰੇ ਵਿਚ ਆਉਂਦਾ ਹੈ।
4959	121	ਗੁਰ ਕੈ ਸਬਦਿ ਮਨੈ ਮਨੁ ਮਿਲਾਏ॥		Gur Kai Sabadh Manai Man Milaaeae ||	And through the Word of the Guru's Shabad, merge your mind with the Supreme Mind.	ਗੁਰੂ ਦੇ ਸ਼ਬਦ ਦੀ ਰਾਹੀਂ ਉਹ ਆਪਣੇ ਮਨ ਨੂੰ ਉਧਰ ਹੀ ਟਿਕਾਈ ਰੱਖਦਾ ਹੈ (ਬਾਹਰ ਭਟਕਣ ਤੋਂ ਬਚਾਈ ਰੱਖਦਾ ਹੈ)।

4960	121	ਸਚਾ ਤਾਲੁ ਪੂਰੇ ਮਾਇਆ ਮੋਹੁ ਚੁਕਾਏ ਸਬਦੇ ਨਿਰਤਿ ਕਰਾਵਣਿਆ॥੩॥		Sachaa Thaal Poorae Maaeiaa Mohu Chukaaeae Sabadhae Nirath Karaavaniaa ||3||	Let your true and perfect tune be the subjugation of your love of Maya, and let yourself dance to the Shabad. ||3||	(ਜਿਵੇਂ ਕੋਈ ਰਾਸਧਾਰੀਆ ਰਾਸ ਪਾਣ ਵੇਲੇ ਰਾਗ ਦੇ ਸ਼ਾਜ਼ਾਂ ਦੇ ਨਾਲ ਨਾਲ ਮਿਲ ਕੇ ਨਾਚ ਕਰਦਾ ਹੈ, ਤਿਵੇਂ) ਉਹ ਮਨੁੱਖ (ਮਾਨੋ) ਸੱਚਾ ਨਾਚ ਕਰਦਾ ਹੈ (ਜਦੋਂ ਉਹ ਆਪਣੇ ਅੰਦਰੋਂ) ਮਾਇਆ ਦਾ ਮੋਹ ਦੂਰ ਕਰਦਾ ਹੈ। ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ (ਆਤਮਕ) ਨਾਚ ਕਰਦਾ ਹੈ ॥੩॥
4961	121	ਊਚਾ ਕੂਕੇ ਤਨਹਿ ਪਛਾੜੇ॥	(ਤਨਹਿ) ਤਨ ਨੂੰ (ਪਛਾੜੇ) ਪਟਕਾਏ	Oochaa Kookae Thanehi Pashhaarrae ||	People shout out loud and move their bodies,	ਪਰ ਜੇਹੜਾ ਮਨੁੱਖ (ਰਾਸ ਆਦਿਕ ਪਾਣ ਵੇਲੇ) ਉੱਚੀ ਉੱਚੀ ਸੁਰ ਵਿਚ ਬੋਲਦਾ ਹੈ ਤੇ ਆਪਣੇ ਸਰੀਰ ਨੂੰ (ਕਿਸੇ ਸ਼ੈ ਨਾਲ) ਪਟਕਾਂਦਾ ਹੈ,
4962	121	ਮਾਇਆ ਮੋਹਿ ਜੋਹਿਆ ਜਮਕਾਲੇ॥		Maaeiaa Mohi Johiaa Jamakaalae ||	But if they are emotionally attached to Maya, then the Messenger of Death shall hunt them down.	(ਉਂਞ ਉਹ) ਮਾਇਆ ਦੇ ਮੋਹ ਵਿਚ (ਫਸਿਆ ਹੋਇਆ) ਹੈ, ਉਸ ਨੂੰ ਆਤਮਕ ਮੌਤ ਨੇ ਆਪਣੀ ਤੱਕ ਵਿਚ ਰੱਖਿਆ ਹੋਇਆ ਹੈ।
4963	122	ਮਾਇਆ ਮੋਹੁ ਇਸੁ ਮਨਹਿ ਨਚਾਏ ਅੰਤਰਿ ਕਪਟੁ ਦੁਖੁ ਪਾਵਣਿਆ॥੪॥		Maaeiaa Mohu Eis Manehi Nachaaeae Anthar Kapatt Dhukh Paavaniaa ||4||	The love of Maya makes this mind dance, and the deceit within makes people suffer in pain. ||4||	ਉਸ ਦੇ ਮਨ ਨੂੰ ਮਾਇਆ ਦਾ ਮੋਹ (ਹੀ) ਨਚਾ ਰਿਹਾ ਹੈ, ਉਸ ਦੇ ਅੰਦਰ ਛਲ ਹੈ। (ਸਿਰਫ਼ ਬਾਹਰ ਹੀ ਰਾਸ ਆਦਿਕ ਦੇ ਵੇਲੇ ਪ੍ਰੇਮ ਦੱਸਦਾ ਹੈ) ਤੇ ਉਹ ਦੁੱਖ ਪਾਂਦਾ ਹੈ ॥੪॥

4964	122	ਗੁਰਮੁਖਿ ਭਗਤਿ ਜਾ ਆਪਿ ਕਰਾਏ॥		Guramukh Bhagath Jaa Aap Karaaeae ||	When the Lord inspires one to become Gurmukh, and perform devotional worship,	ਜਦੋਂ ਪਰਮਾਤਮਾ ਆਪ ਕਿਸੇ ਮਨੁੱਖ ਨੂੰ ਗੁਰੂ ਦੀ ਸਰਨ ਪਾ ਕੇ ਉਸ ਪਾਸੋਂ ਆਪਣੀ ਭਗਤੀ ਕਰਾਂਦਾ ਹੈ,
4965	122	ਤਨੁ ਮਨੁ ਰਾਤਾ ਸਹਜਿ ਸੁਭਾਏ॥		Than Man Raathaa Sehaj Subhaaeae ||	Then his body and mind are attuned to His Love with intuitive ease.	ਤਾਂ ਉਸ ਦਾ ਮਨ ਉਸ ਦਾ ਤਨ (ਭਾਵ, ਹਰੇਕ ਗਿਆਨ-ਇੰਦ੍ਰਾ) ਆਤਮਕ ਅਡੋਲਤਾ ਵਿਚ ਪ੍ਰਭੂ-ਚਰਨਾਂ ਦੇ ਪ੍ਰੇਮ ਵਿਚ ਰੰਗਿਆ ਜਾਂਦਾ ਹੈ।
4966	122	ਬਾਣੀ ਵਜੈ ਸਬਦਿ ਵਜਾਏ ਗੁਰਮੁਖਿ ਭਗਤਿ ਥਾਇ ਪਾਵਣਿਆ॥੫॥	ਵੱਜੈ	Baanee Vajai Sabadh Vajaaeae Guramukh Bhagath Thhaae Paavaniaa ||5||	The Word of His Bani vibrates, and the Word of His Shabad resounds, for the Gurmukh whose devotional worship is accepted. ||5||	ਉਸ ਦੇ ਅੰਦਰ ਸਿਫ਼ਤ-ਸਾਲਾਹ ਦੀ ਬਾਣੀ ਆਪਣਾ ਪ੍ਰਭਾਵ ਪਾਈ ਰੱਖਦੀ ਹੈ, ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ (ਆਪਣੇ ਅੰਦਰੋਂ ਸਿਫ਼ਤ-ਸਾਲਾਹ ਦਾ, ਮਾਨੋ, ਵਾਜਾ ਵਜਾਂਦਾ ਹੈ। ਗੁਰੂ ਦਾ ਆਸਰਾ ਲੈ ਕੇ ਕੀਤੀ ਹੋਈ ਭਗਤੀ ਪਰਮਾਤਮਾ ਪਰਵਾਨ ਕਰਦਾ ਹੈ ॥੫॥
4967	122	ਬਹੁ ਤਾਲ ਪੂਰੇ ਵਾਜੇ ਵਜਾਏ॥		Bahu Thaal Poorae Vaajae Vajaaeae ||	One may beat upon and play all sorts of instruments,	ਪਰ ਜੇਹੜਾ ਭੀ ਮਨੁੱਖ ਨਿਰੇ ਸਾਜ਼ ਵਜਾਂਦਾ ਹੈ ਤੇ ਸਾਜ਼ਾਂ ਦੇ ਨਾਲ ਮਿਲ ਕੇ ਨਾਚ ਕਰਦਾ ਹੈ,
4968	122	ਨਾ ਕੋ ਸੁਣੇ ਨ ਮੰਨਿ ਵਸਾਏ॥		Naa Ko Sunae N Mann Vasaaeae ||	But no one will listen, and no one will enshrine it in the mind.	ਉਹ (ਇਸ ਤਰ੍ਹਾਂ) ਪਰਮਾਤਮਾ ਦਾ ਨਾਮ ਨਾਹ ਹੀ ਸੁਣਦਾ ਹੈ ਤੇ ਨਾਹ ਹੀ ਆਪਣੇ ਮਨ ਵਿਚ ਵਸਾਂਦਾ ਹੈ।

4969	122	ਮਾਇਆ ਕਾਰਣਿ ਪਿੜ ਬੰਧਿ ਨਾਚੈ ਦੂਜੈ ਭਾਇ ਦੁਖੁ ਪਾਵਣਿਆ॥੬॥		Maaeiaa Kaaran Pirr Bandhh Naachai Dhoojai Bhaae Dhukh Paavaniaa ||6||	For the sake of Maya, they set the stage and dance, but they are in love with duality, and they obtain only sorrow. ||6||	ਉਹ ਤਾਂ ਮਾਇਆ ਕਮਾਣ ਦੀ ਖ਼ਾਤਰ ਪਿੜ ਬੰਨ੍ਹ ਕੇ ਨੱਚਦਾ ਹੈ। ਮਾਇਆ ਦੇ ਮੋਹ ਵਿਚ ਟਿਕਿਆ ਰਹਿ ਕੇ ਉਹ ਦੁੱਖ ਹੀ ਸਹਾਰਦਾ ਹੈ (ਇਸ ਨਾਚ ਨਾਲ ਉਹ ਆਤਮਕ ਆਨੰਦ ਨਹੀਂ ਮਾਣ ਸਕਦਾ) ॥੬॥
4970	122	ਜਿਸੁ ਅੰਤਰਿ ਪ੍ਰੀਤਿ ਲਗੈ ਸੋ ਮੁਕਤਾ॥		Jis Anthar Preeth Lagai So Mukathaa ||	Those whose inner beings are attached to the Lord's Love are liberated.	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ-ਚਰਨਾਂ ਦੀ ਪ੍ਰੀਤਿ ਪੈਦਾ ਹੁੰਦੀ ਹੈ, ਉਹ ਮਾਇਆ ਦੇ ਮੋਹ ਤੋਂ ਆਜ਼ਾਦ ਹੋ ਜਾਂਦਾ ਹੈ।
4971	122	ਇੰਦ੍ਰੀ ਵਸਿ ਸਚ ਸੰਜਮਿ ਜੁਗਤਾ॥		Eindhree Vas Sach Sanjam Jugathaa ||	They control their sexual desires, and their lifestyle is the self-discipline of Truth.	ਉਹ ਆਪਣੀਆਂ ਇੰਦ੍ਰੀਆਂ ਨੂੰ ਆਪਣੇ ਵੱਸ ਵਿਚ ਕਰ ਲੈਂਦਾ ਹੈ। ਉਹ ਮਨੁੱਖ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ ਦੇ ਸੰਜਮ ਵਿਚ ਟਿਕਿਆ ਰਹਿੰਦਾ ਹੈ।
4972	122	ਗੁਰ ਕੈ ਸਬਦਿ ਸਦਾ ਹਰਿ ਧਿਆਏ ਏਹਾ ਭਗਤਿ ਹਰਿ ਭਾਵਣਿਆ॥੭॥		Gur Kai Sabadh Sadhaa Har Dhhiaaeae Eaehaa Bhagath Har Bhaavaniaa ||7||	Through the Word of the Guru's Shabad, they meditate forever on the Lord. This devotional worship is pleasing to the Lord. ||7|	ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਹੈ, ਤੇ ਇਹੀ ਹੈ ਭਗਤੀ ਜੇਹੜੀ ਪਰਮਾਤਮਾ ਨੂੰ ਪਸੰਦ ਆਉਂਦੀ ਹੈ ॥੭॥
4973	122	ਗੁਰਮੁਖਿ ਭਗਤਿ ਜੁਗ ਚਾਰੇ ਹੋਈ॥		Guramukh Bhagath Jug Chaarae Hoee ||	To live as Gurmukh is devotional worship, throughout the four ages.	ਪਰਮਾਤਮਾ ਦੀ ਭਗਤੀ ਗੁਰੂ ਦੇ ਸਨਮੁੱਖ ਰਹਿ ਕੇ ਹੀ ਹੋ ਸਕਦੀ ਹੈ-ਇਹ ਨਿਯਮ ਸਦਾ ਲਈ ਹੀ ਅਟੱਲ ਹੈ।

4974	122	ਹੋਰਤੁ ਭਗਤਿ ਨ ਪਾਏ ਕੋਈ॥		Horath Bhagath N Paaeae Koee ||	This devotional worship is not obtained by any other means.	(ਇਸ ਤੋਂ ਬਿਨਾਂ) ਕਿਸੇ ਭੀ ਹੋਰ ਤਰੀਕੇ ਨਾਲ ਕੋਈ ਮਨੁੱਖ ਪ੍ਰਭੂ ਦੀ ਭਗਤੀ ਪ੍ਰਾਪਤ ਨਹੀਂ ਕਰ ਸਕਦਾ।
4975	122	ਨਾਨਕ ਨਾਮੁ ਗੁਰ ਭਗਤੀ ਪਾਈਐ ਗੁਰ ਚਰਣੀ ਚਿਤੁ ਲਾਵਣਿਆ॥੮॥੨੦॥੨੧॥		Naanak Naam Gur Bhagathee Paaeeai Gur Charanee Chith Laavaniaa ||8||20||21||	O Nanak, the Naam, the Name of the Lord, is obtained only through devotion to the Guru. So focus your consciousness on the Guru's Feet. ||8||20||21||	ਹੇ ਨਾਨਕ! ਪਰਮਾਤਮਾ ਦਾ ਨਾਮ ਸਿਮਰਨ ਦੀ ਦਾਤ ਗੁਰੂ ਵਿਚ ਸਰਦਾ ਰੱਖਿਆਂ ਹੀ ਮਿਲ ਸਕਦੀ ਹੈ। ਉਹੀ ਮਨੁੱਖ ਨਾਮ ਸਿਮਰ ਸਕਦਾ ਹੈ, ਜੇਹੜਾ ਗੁਰੂ ਦੇ ਚਰਨਾਂ ਵਿਚ ਆਪਣਾ ਚਿਤ ਜੋੜਦਾ ਹੈ ॥੮॥੨੦॥੨੧॥
4976	122	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
4977	122	ਸਚਾ ਸੇਵੀ ਸਚੁ ਸਾਲਾਹੀ॥		Sachaa Saevee Sach Saalaahee ||	Serve the True One, and praise the True One.	(ਹੇ ਭਾਈ!) ਮੈਂ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰਦਾ ਹਾਂ, ਮੈਂ ਸਦਾ-ਥਿਰ ਪ੍ਰਭੂ ਦੀ ਹੀ ਸਿਫ਼ਤ-ਸਾਲਾਹ ਕਰਦਾ ਹਾਂ।
4978	122	ਸਚੈ ਨਾਇ ਦੁਖੁ ਕਬ ਹੀ ਨਾਹੀ॥		Sachai Naae Dhukh Kab Hee Naahee ||	With the True Name, pain shall never afflict you.	ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜਿਆਂ ਕਦੇ ਕੋਈ ਦੁੱਖ ਪੋਹ ਨਹੀਂ ਸਕਦਾ।
4979	122	ਸੁਖਦਾਤਾ ਸੇਵਨਿ ਸੁਖੁ ਪਾਇਨਿ ਗੁਰਮਤਿ ਮੰਨਿ ਵਸਾਵਣਿਆ॥੧॥		Sukhadhaathaa Saevan Sukh Paaein Guramath Mann Vasaavaniaa ||1||	Those who serve the Giver of peace find peace. They enshrine the Guru's Teachings within their minds. ||1||	ਜੇਹੜੇ ਮਨੁੱਖ ਸਭ ਸੁਖ ਦੇਣ ਵਾਲੇ ਪਰਮਾਤਮਾ ਨੂੰ ਸਿਮਰਦੇ ਹਨ, ਤੇ ਗੁਰੂ ਦੀ ਮਤਿ ਲੈ ਕੇ ਉਸ ਪ੍ਰਭੂ ਨੂੰ ਆਪਣੇ ਮਨ ਵਿਚ ਵਸਾਈ ਰੱਖਦੇ ਹਨ, ਉਹ ਆਤਮਕ ਆਨੰਦ ਮਾਣਦੇ ਹਨ ॥੧॥

4980	122	ਹਉ ਵਾਰੀ ਜੀਉ ਵਾਰੀ ਸੁਖ ਸਹਜਿ ਸਮਾਧਿ ਲਗਾਵਣਿਆ॥		Ho Vaaree Jeeo Vaaree Sukh Sehaj Samaadhh Lagaavaniaa ||	I am a sacrifice, my soul is a sacrifice, to those who intuitively enter into the peace of Samaadhi.	(ਹੇ ਭਾਈ!) ਮੈਂ ਉਹਨਾਂ ਬੰਦਿਆਂ ਤੋਂ ਸਦਾ ਸਦਕੇ ਕੁਰਬਾਨ ਹਾਂ, ਜੇਹੜੇ ਆਤਮਕ ਅਡੋਲਤਾ ਵਿਚ ਟਿਕ ਕੇ ਆਤਮਕ ਆਨੰਦ ਦੀ ਸਮਾਧੀ ਲਾਈ ਰੱਖਦੇ ਹਨ।
4981	122	ਜੋ ਹਰਿ ਸੇਵਹਿ ਸੇ ਸਦਾ ਸੋਹਹਿ ਸੋਭਾ ਸੁਰਤਿ ਸੁਹਾਵਣਿਆ॥੧॥ਰਹਾਉ॥		Jo Har Saevehi Sae Sadhaa Sohehi Sobhaa Surath Suhaavaniaa ||1|| Rehaao ||	Those who serve the Lord are always beautiful. The glory of their intuitive awareness is beautiful. ||1||Pause||	ਜੇਹੜੇ ਮਨੁੱਖ ਪਰਮਾਤਮਾ ਨੂੰ ਸਿਮਰਦੇ ਹਨ, ਉਹ ਸਦਾ ਸੋਹਣੇ ਜੀਵਨ ਵਾਲੇ ਬਣੇ ਰਹਿੰਦੇ ਹਨ, ਉਹਨਾਂ ਨੂੰ (ਲੋਕ ਪਰਲੋਕ ਵਿਚ) ਸੋਭਾ ਮਿਲਦੀ ਹੈ, ਉਹਨਾਂ ਦੀ ਸੁਰਤ ਸਦਾ ਸੁਹਾਵਣੀ ਟਿਕੀ ਰਹਿੰਦੀ ਹੈ ॥੧॥ ਰਹਾਉ ॥
4982	122	ਸਭੁ ਕੋ ਤੇਰਾ ਭਗਤੁ ਕਹਾਏ॥		Sabh Ko Thaeraa Bhagath Kehaaeae ||	All call themselves Your devotees,	(ਹੇ ਪ੍ਰਭੂ! ਉਂਞ ਤਾਂ) ਹਰੇਕ ਮਨੁੱਖ ਤੇਰਾ ਭਗਤ ਅਖਵਾਂਦਾ ਹੈ,
4983	122	ਸੇਈ ਭਗਤ ਤੇਰੈ ਮਨਿ ਭਾਏ॥		Saeee Bhagath Thaerai Man Bhaaeae ||	But they alone are Your devotees, who are pleasing to Your mind.	ਪਰ (ਅਸਲ) ਉਹੀ ਭਗਤ ਹਨ ਜੇਹੜੇ ਤੇਰੇ ਮਨ ਵਿਚ ਚੰਗੇ ਲੱਗਦੇ ਹਨ।
4984	122	ਸਚੁ ਬਾਣੀ ਤੁਧੈ ਸਾਲਾਹਨਿ ਰੰਗਿ ਰਾਤੇ ਭਗਤਿ ਕਰਾਵਣਿਆ॥੨॥		Sach Baanee Thudhhai Saalaahan Rang Raathae Bhagath Karaavaniaa ||2||	Through the True Word of Your Bani, they praise You; attuned to Your Love, they worship You with devotion. ||2||	(ਹੇ ਪ੍ਰਭੂ!) ਉਹ ਗੁਰੂ ਦੀ ਬਾਣੀ ਦੀ ਰਾਹੀਂ ਤੈਨੂੰ ਸਦਾ-ਥਿਰ ਰਹਿਣ ਵਾਲੇ ਨੂੰ ਸਾਲਾਹੁੰਦੇ ਰਹਿੰਦੇ ਹਨ, ਉਹ ਤੇਰੇ ਪ੍ਰੇਮ-ਰੰਗ ਵਿਚ ਰੰਗੇ ਹੋਏ ਤੇਰੀ ਭਗਤੀ ਕਰਦੇ ਰਹਿੰਦੇ ਹਨ ॥੨॥

4985	122	ਸਭੁ ਕੋ ਸਚੇ ਹਰਿ ਜੀਉ ਤੇਰਾ॥		Sabh Ko Sachae Har Jeeo Thaeraa ||	All are Yours, O Dear True Lord.	ਹੇ ਸਦਾ-ਥਿਰ ਰਹਿਣ ਵਾਲੇ ਪ੍ਰਭੂ ਜੀ! ਹਰੇਕ ਜੀਵ ਤੇਰਾ (ਹੀ ਪੈਦਾ ਕੀਤਾ ਹੋਇਆ) ਹੈ।
4986	122	ਗੁਰਮੁਖਿ ਮਿਲੈ ਤਾ ਚੂਕੈ ਫੇਰਾ॥		Guramukh Milai Thaa Chookai Faeraa ||	Meeting the Gurmukh, this cycle of reincarnation comes to an end.	(ਪਰ ਜਦੋਂ ਕਿਸੇ ਨੂੰ) ਗੁਰੂ ਦੀ ਸਰਨ ਪੈ ਕੇ (ਤੇਰਾ ਨਾਮ) ਮਿਲਦਾ ਹੈ, ਤਦੋਂ (ਉਸ ਦਾ ਜਨਮ ਮਰਨ ਦਾ) ਗੇੜ ਮੁੱਕਦਾ ਹੈ।
4987	122	ਜਾ ਤੁਧੁ ਭਾਵੈ ਤਾ ਨਾਇ ਰਚਾਵਹਿ ਤੂੰ ਆਪੇ ਨਾਉ ਜਪਾਵਣਿਆ॥੩॥		Jaa Thudhh Bhaavai Thaa Naae Rachaavehi Thoon Aapae Naao Japaavaniaa ||3||	When it pleases Your Will, then we merge in the Name. You Yourself inspire us to chant the Name. ||3||	ਜਦੋਂ ਤੈਨੂੰ ਚੰਗਾ ਲੱਗਦਾ ਹੈ (ਜਦੋਂ ਤੇਰੀ ਰਜ਼ਾ ਹੁੰਦੀ ਹੈ), ਤਦੋਂ ਤੂੰ (ਜੀਵਾਂ ਨੂੰ ਆਪਣੇ) ਨਾਮ ਵਿਚ ਜੋੜਦਾ ਹੈਂ। ਤੂੰ ਆਪ ਹੀ (ਜੀਵਾਂ ਪਾਸੋਂ ਆਪਣਾ) ਨਾਮ ਜਪਾਂਦਾ ਹੈਂ ॥੩॥
4988	122	ਗੁਰਮਤੀ ਹਰਿ ਮੰਨਿ ਵਸਾਇਆ॥		Guramathee Har Mann Vasaaeiaa ||	Through the Guru's Teachings, I enshrine the Lord within my mind.	ਜਿਸ ਮਨੁੱਖ ਨੇ ਗੁਰੂ ਦੀ ਮਤਿ ਲੈ ਕੇ ਪਰਮਾਤਮਾ (ਦਾ ਨਾਮ ਆਪਣੇ) ਮਨ ਵਿਚ ਵਸਾ ਲਿਆ,
4989	122	ਹਰਖੁ ਸੋਗੁ ਸਭੁ ਮੋਹੁ ਗਵਾਇਆ॥		Harakh Sog Sabh Mohu Gavaaeiaa ||	Pleasure and pain, and all emotional attachments are gone.	ਉਸ ਨੇ ਖ਼ੁਸ਼ੀ (ਦੀ ਲਾਲਸਾ) ਗ਼ਮੀ (ਤੋਂ ਘਬਰਾਹਟ) ਮੁਕਾ ਲਈ, ਉਸ ਨੇ (ਮਾਇਆ ਦਾ) ਸਾਰਾ ਮੋਹ ਦੂਰ ਕਰ ਲਿਆ।

4990	122	ਇਕਸੁ ਸਿਉ ਲਿਵ ਲਾਗੀ ਸਦ ਹੀ ਹਰਿ ਨਾਮੁ ਮੰਨਿ ਵਸਾਵਣਿਆ॥੪॥		Eikas Sio Liv Laagee Sadh Hee Har Naam Mann Vasaavaniaa ||4||	I am lovingly centered on the One Lord forever. I enshrine the Lord's Name within my mind. ||4||	ਉਸ ਮਨੁੱਖ ਦੀ ਲਗਨ ਸਦਾ ਹੀ ਸਿਰਫ਼ ਪਰਮਾਤਮਾ (ਦੇ ਚਰਨਾਂ) ਨਾਲ ਲੱਗੀ ਰਹਿੰਦੀ ਹੈ, ਉਹ ਸਦਾ ਹਰੀ ਦੇ ਨਾਮ ਨੂੰ ਆਪਣੇ ਮਨ ਵਿਚ ਵਸਾਈ ਰੱਖਦਾ ਹੈ ॥੪॥
4991	122	ਭਗਤ ਰੰਗਿ ਰਾਤੇ ਸਦਾ ਤੇਰੈ ਚਾਏ॥		Bhagath Rang Raathae Sadhaa Thaerai Chaaeae ||	Your devotees are attuned to Your Love; they are always joyful.	ਹੇ ਪ੍ਰਭੂ! ਤੇਰੇ ਭਗਤ (ਬੜੇ) ਚਾਉ ਨਾਲ ਤੇਰੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ।
4992	122	ਨਉ ਨਿਧਿ ਨਾਮੁ ਵਸਿਆ ਮਨਿ ਆਏ॥		No Nidhh Naam Vasiaa Man Aaeae ||	The nine treasures of the Naam come to dwell within their minds.	ਉਹਨਾਂ ਦੇ ਮਨ ਵਿਚ ਤੇਰਾ ਨਾਮ ਆ ਵੱਸਦਾ ਹੈ (ਜੋ, ਮਾਨੋ) ਨੌ ਖ਼ਜ਼ਾਨੇ (ਹੈ)।
4993	122	ਪੂਰੈ ਭਾਗਿ ਸਤਿਗੁਰੁ ਪਾਇਆ ਸਬਦੇ ਮੇਲਿ ਮਿਲਾਵਣਿਆ॥੫॥		Poorai Bhaag Sathigur Paaeiaa Sabadhae Mael Milaavaniaa ||5||	By perfect destiny, they find the True Guru, and through the Word of the Shabad, they are united in the Lord's Union. ||5||	ਜਿਸ ਮਨੁੱਖ ਨੇ ਪੂਰੀ ਕਿਸਮਤ ਨਾਲ ਗੁਰੂ ਲੱਭ ਲਿਆ, ਗੁਰੂ ਉਸ ਨੂੰ (ਆਪਣੇ) ਸ਼ਬਦ ਦੀ ਰਾਹੀਂ ਪਰਮਾਤਮਾ ਦੇ ਚਰਨਾਂ ਵਿਚ ਮਿਲਾ ਦੇਂਦਾ ਹੈ ॥੫॥
4994	122	ਤੂੰ ਦਇਆਲੁ ਸਦਾ ਸੁਖਦਾਤਾ॥		Thoon Dhaeiaal Sadhaa Sukhadhaathaa ||	You are Merciful, and always the Giver of peace.	ਹੇ ਪ੍ਰਭੂ! ਤੂੰ ਦਇਆ ਦਾ ਸੋਮਾ ਹੈਂ, ਤੂੰ ਸਦਾ (ਸਭ ਜੀਵਾਂ ਨੂੰ) ਸੁਖ ਦੇਣ ਵਾਲਾ ਹੈਂ।

4995	122	ਤੂੰ ਆਪੇ ਮੇਲਿਹਿ ਗੁਰਮੁਖਿ ਜਾਤਾ॥	ਮੇਲਹਿ	Thoon Aapae Maelihi Guramukh Jaathaa ||	You Yourself unite us; You are known only to the Gurmukhs.	ਤੂੰ ਆਪ ਹੀ (ਜੀਵਾਂ ਨੂੰ ਗੁਰੂ ਨਾਲ) ਮਿਲਾਂਦਾ ਹੈਂ। ਗੁਰੂ ਦੀ ਸਰਨ ਪੈ ਕੇ ਜੀਵ ਤੇਰੇ ਨਾਲ ਡੂੰਘੀ ਸਾਂਝ ਪਾ ਲੈਂਦੇ ਹਨ।
4996	122	ਤੂੰ ਆਪੇ ਦੇਵਹਿ ਨਾਮੁ ਵਡਾਈ ਨਾਮਿ ਰਤੇ ਸੁਖੁ ਪਾਵਣਿਆ॥੬॥		Thoon Aapae Dhaevehi Naam Vaddaaee Naam Rathae Sukh Paavaniaa ||6||	You Yourself bestow the glorious greatness of the Naam; attuned to the Naam, we find peace. ||6||	ਹੇ ਪ੍ਰਭੂ! ਤੂੰ ਆਪ ਹੀ ਜੀਵਾਂ ਨੂੰ ਆਪਣਾ ਨਾਮ ਬਖਸ਼ਦਾ ਹੈਂ (ਨਾਮ ਜਪਣ ਦੀ) ਇੱਜ਼ਤ ਦੇਂਦਾ ਹੈਂ। ਜੇਹੜੇ ਮਨੁੱਖ ਤੇਰੇ ਨਾਮ (-ਰੰਗ) ਵਿਚ ਰੰਗੇ ਜਾਂਦੇ ਹਨ, ਉਹ ਆਤਮਕ ਆਨੰਦ ਮਾਣਦੇ ਹਨ ॥੬॥
4997	122	ਸਦਾ ਸਦਾ ਸਾਚੇ ਤੁਧੁ ਸਾਲਾਹੀ॥		Sadhaa Sadhaa Saachae Thudhh Saalaahee ||	Forever and ever, O True Lord, I praise You.	ਹੇ ਸਦਾ-ਥਿਰ ਰਹਿਣ ਵਾਲੇ ਪ੍ਰਭੂ! (ਮਿਹਰ ਕਰ) ਮੈਂ ਸਦਾ ਹੀ ਸਦਾ ਹੀ ਤੇਰੀ ਸਿਫ਼ਤ-ਸਾਲਾਹ ਕਰਦਾ ਰਹਾਂ।
4998	122	ਗੁਰਮੁਖਿ ਜਾਤਾ ਦੂਜਾ ਕੋ ਨਾਹੀ॥		Guramukh Jaathaa Dhoojaa Ko Naahee ||	As Gurmukh, I know no other at all.	ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਤੇਰੇ ਨਾਲ ਸਾਂਝ ਪਾਂਦਾ ਹੈ, ਹੋਰ ਕੋਈ (ਤੇਰੇ ਨਾਲ ਸਾਂਝ) ਨਹੀਂ (ਪਾ ਸਕਦਾ)।

4999	122	ਏਕਸੁ ਸਿਉ ਮਨੁ ਰਹਿਆ ਸਮਾਏ ਮਨਿ ਮੰਨਿਐ ਮਨਹਿ ਮਿਲਾਵਣਿਆ॥੭॥		Eaekas Sio Man Rehiaa Samaaeae Man Manniai Manehi Milaavaniaa ||7||	My mind remains immersed in the One Lord; my mind surrenders to Him, and in my mind I meet Him. ||7||	(ਜੇਹੜਾ ਮਨੁੱਖ ਗੁਰੂ ਦਾ ਆਸਰਾ ਲੈਂਦਾ ਹੈ ਉਸ ਦਾ) ਮਨ ਸਦਾ ਇਕ ਪਰਮਾਤਮਾ ਦੇ ਨਾਲ ਹੀ ਜੁੜਿਆ ਰਹਿੰਦਾ ਹੈ। ਜੇ (ਮਨੁੱਖ ਦਾ) ਮਨ (ਪਰਮਾਤਮਾ ਦੀ ਯਾਦ ਵਿਚ) ਗਿੱਝ ਜਾਏ, ਤਾਂ ਮਨੁੱਖ ਮਨ ਵਿਚ ਮਿਲਿਆ ਰਹਿੰਦਾ ਹੈ (ਭਾਵ, ਬਾਹਰ ਨਹੀਂ ਭਟਕਦਾ) ॥੭॥
5000	122	ਗੁਰਮੁਖਿ ਹੋਵੈ ਸੋ ਸਾਲਾਹੇ॥		Guramukh Hovai So Saalaahae ||	One who becomes Gurmukh, praises the Lord.	ਜੇਹੜਾ ਮਨੁੱਖ ਗੁਰੂ ਦਾ ਆਸਰਾ-ਪਰਨਾ ਲੈਂਦਾ ਹੈ, ਉਹੋ ਹੀ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ।
5001	122	ਸਾਚੇ ਠਾਕੁਰ ਵੇਪਰਵਾਹੇ॥		Saachae Thaakur Vaeparavaahae ||	Our True Lord and Master is Carefree.	ਉਹ ਸਦਾ ਕਾਇਮ ਰਹਿਣ ਵਾਲੇ ਬੇ-ਪਰਵਾਹ ਠਾਕੁਰ ਦੀ (ਸਿਫ਼ਤ-ਸਾਲਾਹ ਕਰਦਾ ਹੀ ਰਹਿੰਦਾ ਹੈ।)
5002	122	ਨਾਨਕ ਨਾਮੁ ਵਸੈ ਮਨ ਅੰਤਰਿ ਗੁਰ ਸਬਦੀ ਹਰਿ ਮੇਲਾਵਣਿਆ॥੮॥੨੧॥੨੨॥		Naanak Naam Vasai Man Anthar Gur Sabadhee Har Maelaavaniaa ||8||21||22||	O Nanak, the Naam, the Name of the Lord, abides deep within the mind; through the Word of the Guru's Shabad, we merge with the Lord. ||8||21||22||	ਹੇ ਨਾਨਕ! ਉਸ ਮਨੁੱਖ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਮਨੁੱਖ ਪਰਮਾਤਮਾ (ਦੇ ਚਰਨਾਂ) ਵਿਚ ਲੀਨ ਰਹਿੰਦਾ ਹੈ ॥੮॥੨੧॥੨੨॥
5003	122	ਮਾਝ ਮਹਲਾ ੩॥		Maajh Mehalaa 3 ||	Maajh, Third Mehl:	

5004	122	ਤੇਰੇ ਭਗਤ ਸੋਹਹਿ ਸਾਚੇ ਦਰਬਾਰੇ॥	ਸੋਹਹਿ	Thaerae Bhagath Sohehi Saachai Dharabaarae ||	Your devotees look beautiful in the True Court.	(ਹੇ ਪ੍ਰਭੂ!) ਤੇਰੀ ਭਗਤੀ ਕਰਨ ਵਾਲੇ ਬੰਦੇ ਤੇਰੇ ਸਦਾ-ਥਿਰ ਰਹਿਣ ਵਾਲੇ ਦਰਬਾਰ ਵਿਚ ਸੋਭਾ ਪਾਂਦੇ ਹਨ।
5005	122	ਗੁਰ ਕੈ ਸਬਦਿ ਨਾਮਿ ਸਵਾਰੇ॥		Gur Kai Sabadh Naam Savaarae ||	Through the Word of the Guru's Shabad, they are adorned with the Naam.	(ਹੇ ਭਾਈ!) ਭਗਤ ਜਨ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੇ ਨਾਮ ਵਿਚ ਜੁੜ ਕੇ ਸੋਹਣੇ ਜੀਵਨ ਵਾਲੇ ਬਣ ਜਾਂਦੇ ਹਨ।
5006	122	ਸਦਾ ਅਨੰਦਿ ਰਹਹਿ ਦਿਨੁ ਰਾਤੀ ਗੁਣ ਕਹਿ ਗੁਣੀ ਸਮਾਵਣਿਆ॥੧॥	ਰਹਹਿ	Sadhaa Anandh Rehehi Dhin Raathee Gun Kehi Gunee Samaavaniaa ||1||	They are forever in bliss, day and night; chanting the Glorious Praises of the Lord, they merge with the Lord of Glory. ||1||	ਉਹ ਸਦਾ ਆਤਮਕ ਆਨੰਦ ਵਿਚ ਟਿਕੇ ਰਹਿੰਦੇ ਹਨ, ਉਹ ਦਿਨ ਰਾਤ ਪ੍ਰਭੂ ਦੇ ਗੁਣ ਉਚਾਰ ਉਚਾਰ ਕੇ ਗੁਣਾਂ ਦੇ ਮਾਲਕ ਪ੍ਰਭੂ ਵਿਚ ਸਮਾਏ ਰਹਿੰਦੇ ਹਨ ॥੧॥
5007	123	ਹਉ ਵਾਰੀ ਜੀਉ ਵਾਰੀ ਨਾਮੁ ਸੁਣਿ ਮੰਨਿ ਵਸਾਵਣਿਆ॥		Ho Vaaree Jeeo Vaaree Naam Sun Mann Vasaavaniaa ||	I am a sacrifice, my soul is a sacrifice, to those who hear and enshrine the Naam within their minds.	ਮੈਂ ਉਹਨਾਂ ਮਨੁੱਖਾਂ ਤੋਂ ਸਦਾ ਕੁਰਬਾਨ ਸਦਕੇ ਜਾਂਦਾ ਹਾਂ, ਜੇਹੜੇ ਪਰਮਾਤਮਾ ਦਾ ਨਾਮ ਸੁਣ ਕੇ ਆਪਣੇ ਮਨ ਵਿਚ ਵਸਾਈ ਰੱਖਦੇ ਹਨ।

5008	123	ਹਰਿ ਜੀਉ ਸਚਾ ਊਚੋ ਊਚਾ ਹਉਮੈ ਮਾਰਿ ਮਿਲਾਵਣਿਆ॥੧॥ਰਹਾਉ॥		Har Jeeo Sachaa Oocho Oochaa Houmai Maar Milaavaniaa ||1|| Rehaao ||	The Dear Lord, the True One, the Highest of the High, subdues their ego and blends them with Himself. ||1||Pause||	ਉਹ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ (ਜੀਵਾਂ ਵਾਲੀ 'ਮੈਂ ਮੇਰੀ' ਤੋਂ) ਬਹੁਤ ਉੱਚਾ ਹੈ, (ਵਡ ਭਾਗੀ ਜੀਵ) ਹਉਮੈ ਮਾਰ ਕੇ (ਹੀ) ਉਸ ਵਿਚ ਲੀਨ ਹੁੰਦੇ ਹਨ ॥੧॥ ਰਹਾਉ ॥
5009	123	ਹਰਿ ਜੀਉ ਸਾਚਾ ਸਾਚੀ ਨਾਈ॥		Har Jeeo Saachaa Saachee Naaee ||	True is the Dear Lord, and True is His Name.	ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ। ਉਸ ਦੀ ਵਡਿਆਈ ਸਦਾ ਕਾਇਮ ਰਹਿਣ ਵਾਲੀ ਹੈ।
5010	123	ਗੁਰ ਪਰਸਾਦੀ ਕਿਸੈ ਮਿਲਾਈ॥		Gur Parasaadhee Kisai Milaaee ||	By Guru's Grace, some merge with Him.	ਗੁਰੂ ਦੀ ਕਿਰਪਾ ਨਾਲ ਕਿਸੇ (ਵਿਰਲੇ ਵਡ-ਭਾਗੀ) ਨੂੰ (ਪ੍ਰਭੂ ਆਪਣੇ ਚਰਨਾਂ ਵਿਚ) ਮਿਲਾਂਦਾ ਹੈ।
5011	123	ਗੁਰ ਸਬਦਿ ਮਿਲਹਿ ਸੇ ਵਿਛੁੜਹਿ ਨਾਹੀ ਸਹਜੇ ਸਚਿ ਸਮਾਵਣਿਆ॥੨॥		Gur Sabadh Milehi Sae Vishhurrehi Naahee Sehajae Sach Samaavaniaa ||2||	Through the Word of the Guru's Shabad, those who merge with the Lord shall not be separated from Him again. They merge with intuitive ease into the True Lord. ||2||	ਜੇਹੜੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਵਿਚ) ਮਿਲਦੇ ਹਨ, ਉਹ (ਉਸ ਤੋਂ) ਵਿੱਛੁੜਦੇ ਨਹੀਂ। ਉਹ ਆਤਮਕ ਅਡੋਲਤਾ ਵਿਚ ਤੇ ਸਦਾ-ਥਿਰ ਪ੍ਰਭੂ ਵਿਚ ਲੀਨ ਹੋਏ ਰਹਿੰਦੇ ਹਨ ॥੨॥
5012	123	ਤੁਝ ਤੇ ਬਾਹਰਿ ਕਛੂ ਨ ਹੋਇ॥		Thujh Thae Baahar Kashhoo N Hoe ||	There is nothing beyond You;	(ਹੇ ਭਾਈ!) ਤੈਥੋਂ (ਭਾਵ, ਤੇਰੇ ਹੁਕਮ ਤੋਂ) ਬਾਹਰ ਕੁਝ ਨਹੀਂ ਹੋ ਸਕਦਾ।

5013	123	ਤੂੰ ਕਰਿ ਕਰਿ ਵੇਖਹਿ ਜਾਣਹਿ ਸੋਇ॥		Thoon Kar Kar Vaekhehi Jaanehi Soe ||	You are the One who does, sees, and knows.	ਤੂੰ (ਜਗਤ) ਪੈਦਾ ਕਰ ਕੇ (ਉਸ ਦੀ) ਸੰਭਾਲ (ਭੀ) ਕਰਦਾ ਹੈਂ, ਤੂੰ (ਹਰੇਕ ਦੇ ਦਿਲ ਦੀ) ਜਾਣਦਾ ਭੀ ਹੈਂ।
5014	123	ਆਪੇ ਕਰੇ ਕਰਾਏ ਕਰਤਾ ਗੁਰਮਤਿ ਆਪਿ ਮਿਲਾਵਣਿਆ॥੩॥		Aapae Karae Karaaeae Karathaa Guramath Aap Milaavaniaa ||3||	The Creator Himself acts, and inspires others to act. Through the Guru's Teachings, He blends us into Himself. ||3||	(ਹੇ ਭਾਈ!) ਕਰਤਾਰ ਆਪ ਹੀ (ਸਭ ਜੀਵਾਂ ਵਿਚ ਵਿਆਪਕ ਹੋ ਕੇ ਸਭ ਕੁਝ) ਕਰਦਾ ਹੈ (ਤੇ ਜੀਵਾਂ ਪਾਸੋਂ) ਕਰਾਂਦਾ ਹੈ, ਗੁਰੂ ਦੀ ਮਤਿ ਦੀ ਰਾਹੀਂ ਆਪ ਹੀ ਜੀਵਾਂ ਨੂੰ ਆਪਣੇ ਵਿਚ ਮਿਲਾਂਦਾ ਹੈ ॥੩॥
5015	123	ਕਾਮਣਿ ਗੁਣਵੰਤੀ ਹਰਿ ਪਾਏ॥		Kaaman Gunavanthee Har Paaeae ||	The virtuous soul-bride finds the Lord;	ਜੇਹੜੀ ਜੀਵ-ਇਸਤ੍ਰੀ ਪਰਮਾਤਮਾ ਦੇ ਗੁਣ ਆਪਣੇ ਅੰਦਰ ਵਸਾਂਦੀ ਹੈ ਉਹ ਪਰਮਾਤਮਾ ਨੂੰ ਮਿਲ ਪੈਂਦੀ ਹੈ।
5016	123	ਭੈ ਭਾਇ ਸੀਗਾਰੁ ਬਣਾਏ॥		Bhai Bhaae Seegaar Banaaeae ||	She decorates herself with the Love and the Fear of God.	ਪਰਮਾਤਮਾ ਦੇ ਡਰ-ਅਦਬ ਵਿਚ ਰਹਿ ਕੇ, ਪਰਮਾਤਮਾ ਦੇ ਪ੍ਰੇਮ ਵਿਚ ਜੁੜ ਕੇ ਉਹ (ਪਰਮਾਤਮਾ ਦੇ ਗੁਣਾਂ ਨੂੰ ਆਪਣੇ ਜੀਵਨ ਦਾ) ਸਿੰਗਾਰ ਬਣਾਂਦੀ ਹੈ।
5017	123	ਸਤਿਗੁਰੁ ਸੇਵਿ ਸਦਾ ਸੋਹਾਗਣਿ ਸਚ ਉਪਦੇਸਿ ਸਮਾਵਣਿਆ॥੪॥		Sathigur Saev Sadhaa Sohaagan Sach Oupadhaes Samaavaniaa ||4||	She who serves the True Guru is forever a happy soul-bride. She is absorbed in the true teachings. ||4||	ਉਹ ਗੁਰੂ ਨੂੰ ਆਸਰਾ-ਪਰਨਾ ਬਣਾ ਕੇ ਸਦਾ ਲਈ ਖਸਮ-ਪ੍ਰਭੂ ਵਾਲੀ ਬਣ ਜਾਂਦੀ ਹੈ, ਉਹ ਪ੍ਰਭੂ-ਮਿਲਾਪ ਵਾਲੇ ਗੁਰ-ਉਪਦੇਸ਼ ਵਿਚ ਲੀਨ ਰਹਿੰਦੀ ਹੈ ॥੪॥

5018	123	ਸਬਦੁ ਵਿਸਾਰਨਿ ਤਿਨਾ ਠਉਰੁ ਨ ਠਾਉ॥		Sabadh Visaaran Thinaa Thour N Thaao ||	Those who forget the Word of the Shabad have no home and no place of rest.	ਜੇਹੜੇ ਮਨੁੱਖ ਗੁਰੂ ਦੇ ਸ਼ਬਦ ਨੂੰ ਭੁਲਾ ਦੇਂਦੇ ਹਨ ਉਹਨਾਂ ਨੂੰ (ਪਰਮਾਤਮਾ ਦੀ ਹਜ਼ੂਰੀ ਵਿਚ) ਕੋਈ ਥਾਂ-ਥਿੱਤਾ ਨਹੀਂ ਮਿਲਦਾ। ਉਹ (-ਮਾਇਆ-ਮੋਹ ਦੀ) ਭਟਕਣਾ ਵਿਚ ਪੈ ਕੇ ਕੁਰਾਹੇ ਪਏ ਰਹਿੰਦੇ ਹਨ।
5019	123	ਭ੍ਰਮਿ ਭੂਲੇ ਜਿਉ ਸੁੰਞੈ ਘਰਿ ਕਾਉ॥		Bhram Bhoolae Jio Sunnjai Ghar Kaao ||	They are deluded by doubt, like a crow in a deserted house.	ਜਿਵੇਂ ਕੋਈ ਕਾਂ ਕਿਸੇ ਉੱਜੜੇ ਘਰ ਵਿਚ (ਜਾ ਕੇ ਖਾਣ ਲਈ ਕੁਝ ਨਹੀਂ ਲੱਭ ਸਕਦਾ, ਤਿਵੇਂ ਗੁਰ-ਸ਼ਬਦ ਨੂੰ ਭੁਲਾਣ ਵਾਲੇ ਬੰਦੇ ਆਤਮਕ ਜੀਵਨ ਵੱਲੋਂ ਖ਼ਾਲੀ-ਹੱਥ ਹੀ ਰਹਿੰਦੇ ਹਨ)।
5020	123	ਹਲਤੁ ਪਲਤੁ ਤਿਨੀ ਦੋਵੈ ਗਵਾਏ ਦੁਖੇ ਦੁਖਿ ਵਿਹਾਵਣਿਆ॥੫॥		Halath Palath Thinee Dhovai Gavaaeae Dhukhae Dhukh Vihaavaniaa ||5||	They forfeit both this world and the next, and they pass their lives suffering in pain and misery. ||5||	ਉਹ ਮਨੁੱਖ ਇਹ ਲੋਕ ਤੇ ਪਰਲੋਕ ਦੋਵੇਂ ਹੀ ਜ਼ਾਇਆ ਕਰ ਲੈਂਦੇ ਹਨ, ਉਹਨਾਂ ਦੀ ਉਮਰ ਸਦਾ ਦੁੱਖ ਵਿਚ ਹੀ ਬੀਤਦੀ ਹੈ ॥੫॥
5021	123	ਲਿਖਦਿਆ ਲਿਖਦਿਆ ਕਾਗਦ ਮਸੁ ਖੋਈ॥		Likhadhiaa Likhadhiaa Kaagadh Mas Khoee ||	Writing on and on endlessly, they run out of paper and ink.	(ਮਾਇਆ-ਵੇੜ੍ਹੇ ਮਨੁੱਖ ਮਾਇਆ ਦੇ ਲੇਖੇ) ਲਿਖਦੇ ਲਿਖਦੇ (ਅਨੇਕਾਂ) ਕਾਗ਼ਜ਼ ਤੇ (ਬੇਅੰਤ) ਸਿਆਹੀ ਮੁਕਾ ਲੈਂਦੇ ਹਨ,
5022	123	ਦੂਜੈ ਭਾਇ ਸੁਖੁ ਪਾਏ ਨ ਕੋਈ॥		Dhoojai Bhaae Sukh Paaeae N Koee ||	Through the love with duality, no one has found peace.	ਪਰ ਮਾਇਆ ਦੇ ਮੋਹ ਵਿਚ ਫਸੇ ਰਹਿ ਕੇ ਕਿਸੇ ਨੇ ਕਦੇ ਆਤਮਕ ਆਨੰਦ ਨਹੀਂ ਮਾਣਿਆ।

5023	123	ਕੂੜੁ ਲਿਖਹਿ ਤੈ ਕੂੜੁ ਕਮਾਵਹਿ ਜਲਿ ਜਾਵਹਿ ਕੂੜਿ ਚਿਤੁ ਲਾਵਣਿਆ॥੬॥		Koorr Likhehi Thai Koorr Kamaavehi Jal Jaavehi Koorr Chith Laavaniaa ||6||	They write falsehood, and they practice falsehood; they are burnt to ashes by focusing their consciousness on falsehood. ||6||	ਉਹ ਮਾਇਆ ਦਾ ਹੀ ਲੇਖਾ ਲਿਖਦੇ ਰਹਿੰਦੇ ਹਨ, ਅਤੇ ਮਾਇਆ ਹੀ ਇਕੱਠੀ ਕਰਦੇ ਰਹਿੰਦੇ ਹਨ, ਉਹ ਸਦਾ ਖਿੱਝਦੇ ਹੀ ਰਹਿੰਦੇ ਹਨ ਕਿਉਂਕਿ ਉਹ ਨਾਸਵੰਤ ਮਾਇਆ ਵਿਚ ਹੀ ਆਪਣਾ ਮਨ ਜੋੜੀ ਰੱਖਦੇ ਹਨ ॥੬॥
5024	123	ਗੁਰਮੁਖਿ ਸਚੋ ਸਚੁ ਲਿਖਹਿ ਵੀਚਾਰੁ॥		Guramukh Sacho Sach Likhehi Veechaar ||	The Gurmukhs write and reflect on Truth, and only Truth.	ਗੁਰੂ ਦੀ ਸਰਨ ਵਿਚ ਰਹਿਣ ਵਾਲੇ ਮਨੁੱਖ ਸਦਾ-ਥਿਰ ਪ੍ਰਭੂ ਦਾ ਨਾਮ ਲਿਖਦੇ ਹਨ, ਪਰਮਾਤਮਾ ਦੇ ਗੁਣਾਂ ਦਾ ਵਿਚਾਰ ਲਿਖਦੇ ਹਨ।
5025	123	ਸੇ ਜਨ ਸਚੇ ਪਾਵਹਿ ਮੋਖ ਦੁਆਰੁ॥		Sae Jan Sachae Paavehi Mokh Dhuaar ||	The true ones find the gate of salvation.	ਉਹ ਮਨੁੱਖ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦੇ ਹਨ, ਉਹ ਮਾਇਆ ਦੇ ਮੋਹ ਤੋਂ ਖ਼ਲਾਸੀ ਦਾ ਰਾਹ ਲੱਭ ਲੈਂਦੇ ਹਨ।
5026	123	ਸਚੁ ਕਾਗਦੁ ਕਲਮ ਮਸਵਾਣੀ ਸਚੁ ਲਿਖਿ ਸਚਿ ਸਮਾਵਣਿਆ॥੭॥	(ਮਸਵਾਣੀ) ਦਵਾਤ	Sach Kaagadh Kalam Masavaanee Sach Likh Sach Samaavaniaa ||7||	True is their paper, pen and ink; writing Truth, they are absorbed in the True One. ||7||	ਉਹਨਾਂ ਮਨੁੱਖਾਂ ਦਾ ਕਾਗ਼ਜ਼ ਸਫਲ ਹੈ, ਉਹਨਾਂ ਦੀ ਕਲਮ ਸਫਲ ਹੈ, ਦਵਾਤ ਭੀ ਸਫਲ ਹੈ, ਜੇਹੜੇ ਸਦਾ-ਥਿਰ ਪ੍ਰਭੂ ਦਾ ਨਾਮ ਲਿਖ ਲਿਖ ਕੇ ਸਦਾ-ਥਿਰ ਪ੍ਰਭੂ ਦੇ ਵਿਚ ਹੀ ਲੀਨ ਰਹਿੰਦੇ ਹਨ ॥੭॥
5027	123	ਮੇਰਾ ਪ੍ਰਭੁ ਅੰਤਰਿ ਬੈਠਾ ਵੇਖੈ॥		Maeraa Prabh Anthar Baithaa Vaekhai ||	My God sits deep within the self; He watches over us.	(ਹੇ ਭਾਈ!) ਮੇਰਾ ਪਰਮਾਤਮਾ (ਸਭ ਜੀਵਾਂ ਦੇ) ਅੰਦਰ ਬੈਠਾ (ਹਰੇਕ ਦੀ) ਸੰਭਾਲ ਕਰਦਾ ਹੈ।

5028	123	ਗੁਰ ਪਰਸਾਦੀ ਮਿਲੈ ਸੋਈ ਜਨੁ ਲੇਖੈ॥		Gur Parasaadhee Milai Soee Jan Laekhai ||	Those who meet the Lord, by Guru's Grace, are acceptable.	ਜੇਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ ਉਸ ਪਰਮਾਤਮਾ ਦੇ ਚਰਨਾਂ ਵਿਚ ਜੁੜਦਾ ਹੈ, ਉਹੀ ਮਨੁੱਖ ਪਰਮਾਤਮਾ ਦੀਆਂ ਨਜ਼ਰਾਂ ਵਿਚ ਪਰਵਾਨ ਹੁੰਦਾ ਹੈ।
5029	123	ਨਾਨਕ ਨਾਮੁ ਮਿਲੈ ਵਡਿਆਈ ਪੂਰੇ ਗੁਰ ਤੇ ਪਾਵਣਿਆ॥੮॥੨੨॥੨੩॥		Naanak Naam Milai Vaddiaaee Poorae Gur Thae Paavaniaa ||8||22||23||	O Nanak, glorious greatness is received through the Naam, which is obtained through the Perfect Guru. ||8||22||23||	ਹੇ ਨਾਨਕ! ਪਰਮਾਤਮਾ ਦਾ ਨਾਮ ਪੂਰੇ ਗੁਰੂ ਪਾਸੋਂ ਹੀ ਮਿਲਦਾ ਹੈ। ਜਿਸ ਨੂੰ ਨਾਮ ਮਿਲ ਜਾਂਦਾ ਹੈ, ਉਹ (ਪਰਮਾਤਮਾ ਦੀ ਹਜ਼ੂਰੀ ਵਿਚ) ਆਦਰ ਪ੍ਰਾਪਤ ਕਰਦਾ ਹੈ ॥੮॥੨੨॥੨੩॥
5030	123	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
5031	123	ਆਤਮ ਰਾਮ ਪਰਗਾਸੁ ਗੁਰ ਤੇ ਹੋਵੈ॥		Aatham Raam Paragaas Gur Thae Hovai ||	The Divine Light of the Supreme Soul shines forth from the Guru.	ਗੁਰੂ ਪਾਸੋਂ ਹੀ ਮਨੁੱਖ ਨੂੰ ਇਹ ਚਾਨਣ ਹੋ ਸਕਦਾ ਹੈ ਕਿ ਪਰਮਾਤਮਾ ਦੀ ਜੋਤਿ ਸਭ ਵਿਚ ਵਿਆਪਕ ਹੈ।
5032	123	ਹਉਮੈ ਮੈਲੁ ਲਾਗੀ ਗੁਰ ਸਬਦੀ ਖੋਵੈ॥		Houmai Mail Laagee Gur Sabadhee Khovai ||	The filth stuck to the ego is removed through the Word of the Guru's Shabad.	ਗੁਰੂ ਦੇ ਸ਼ਬਦ ਦੀ ਰਾਹੀਂ ਹੀ ਮਨੁੱਖ (ਮਨ ਨੂੰ) ਲੱਗੀ ਹੋਈ ਹਉਮੈ ਦੀ ਮੈਲ ਧੋ ਸਕਦਾ ਹੈ।

5033	123	ਮਨੁ ਨਿਰਮਲੁ ਅਨ ਦਿਨੁ ਭਗਤੀ ਰਾਤਾ ਭਗਤਿ ਕਰੇ ਹਰਿ ਪਾਵਨਿਆ॥੧॥		Man Niramal Anadhin Bhagathee Raathaa Bhagath Karae Har Paavaniaa ||1||	One who is imbued with devotional worship to the Lord night and day becomes pure. Worshipping the Lord, He is obtained. ||1||	ਜਿਸ ਮਨੁੱਖ ਦਾ ਮਨ ਮਲ-ਰਹਿਤ ਹੋ ਜਾਂਦਾ ਹੈ ਉਹ ਪ੍ਰਭੂ ਦੀ ਭਗਤੀ ਵਿਚ ਰੰਗਿਆ ਜਾਂਦਾ ਹੈ, ਭਗਤੀ ਕਰ ਕਰ ਕੇ ਉਹ ਪਰਮਾਤਮਾ (ਦਾ ਮਿਲਾਪ) ਪ੍ਰਾਪਤ ਕਰ ਲੈਂਦਾ ਹੈ ॥੧॥
5034	123	ਹਉ ਵਾਰੀ ਜੀਉ ਵਾਰੀ ਆਪਿ ਭਗਤਿ ਕਰਨਿ ਅਵਰਾ ਭਗਤਿ ਕਰਾਵਨਿਆ॥		Ho Vaaree Jeeo Vaaree Aap Bhagath Karan Avaraa Bhagath Karaavaniaa ||	I am a sacrifice, my soul is a sacrifice, to those who themselves worship the Lord, and inspire others to worship Him as well.	ਮੈਂ ਉਹਨਾਂ ਮਨੁੱਖਾਂ ਤੋਂ ਸਦਾ ਸਦਕੇ ਜਾਂਦਾ ਹਾਂ, ਜੇਹੜੇ ਆਪ ਪਰਮਾਤਮਾ ਦੀ ਭਗਤੀ ਕਰਦੇ ਹਨ ਤੇ ਹੋਰਨਾਂ ਪਾਸੋਂ ਭਗਤੀ ਕਰਾਂਦੇ ਹਨ।
5035	123	ਤਿਨਾ ਭਗਤ ਜਨਾ ਕਉ ਸਦ ਨਮਸਕਾਰੁ ਕੀਜੈ ਜੋ ਅਨ ਦਿਨੁ ਹਰਿ ਗੁਣ ਗਾਵਨਿਆ॥੧॥ਰਹਾਉ॥		Thinaa Bhagath Janaa Ko Sadh Namasakaar Keejai Jo Anadhin Har Gun Gaavaniaa ||1|| Rehaao ||	I humbly bow to those devotees who chant the Glorious Praises of the Lord, night and day. ||1||Pause||	ਇਹੋ ਜਿਹੇ ਭਗਤਾਂ ਅੱਗੇ ਸਦਾ ਸਿਰ ਨਿਵਾਣਾ ਚਾਹੀਦਾ ਹੈ, ਜੇਹੜੇ ਹਰ ਰੋਜ਼ ਪਰਮਾਤਮਾ ਦੇ ਗੁਣ ਗਾਂਦੇ ਹਨ ॥੧॥ ਰਹਾਉ ॥
5036	123	ਆਪੇ ਕਰਤਾ ਕਾਰਣੁ ਕਰਾਏ॥		Aapae Karathaa Kaaran Karaaeae ||	The Creator Lord Himself is the Doer of deeds.	ਕਰਤਾਰ ਆਪ ਹੀ (ਜੀਵਾਂ ਪਾਸੋਂ ਭਗਤੀ ਕਰਾਣ ਦਾ) ਸਬੱਬ ਪੈਦਾ ਕਰਦਾ ਹੈ।

5037	123	ਜਿਤੁ ਭਾਵੈ ਤਿਤੁ ਕਾਰੈ ਲਾਏ॥		Jith Bhaavai Thith Kaarai Laaeae ||	As He pleases, He applies us to our tasks.	(ਕਿਉਂਕਿ) ਉਹ ਜੀਵਾਂ ਨੂੰ ਉਸ ਕੰਮ ਵਿਚ ਲਾਂਦਾ ਹੈ ਜਿਸ ਵਿਚ ਲਾਣਾ ਉਸ ਨੂੰ ਚੰਗਾ ਲੱਗਦਾ ਹੈ।
5038	123	ਪੂਰੈ ਭਾਗਿ ਗੁਰ ਸੇਵਾ ਹੋਵੈ ਗੁਰ ਸੇਵਾ ਤੇ ਸੁਖੁ ਪਾਵਣਿਆ॥੨॥		Poorai Bhaag Gur Saevaa Hovai Gur Saevaa Thae Sukh Paavaniaa ||2||	Through perfect destiny, we serve the Guru; serving the Guru, peace is found. ||2||	ਵੱਡੀ ਕਿਸਮਤਿ ਨਾਲ ਹੀ ਜੀਵ ਪਾਸੋਂ ਗੁਰੂ ਦਾ ਆਸਰਾ ਲਿਆ ਜਾ ਸਕਦਾ ਹੈ। ਗੁਰੂ ਦਾ ਆਸਰਾ ਲੈ ਕੇ (ਵਡ-ਭਾਗੀ) ਮਨੁੱਖ ਆਤਮਕ ਆਨੰਦ ਮਾਣਦਾ ਹੈ ॥੨॥
5039	123	ਮਰਿ ਮਰਿ ਜੀਵੈ ਤਾ ਕਿਛੁ ਪਾਏ॥		Mar Mar Jeevai Thaa Kishh Paaeae ||	Those who die, and remain dead while yet alive, obtain it.	ਜਦੋਂ ਮਨੁੱਖ ਮੁੜ ਮੁੜ ਜਤਨ ਕਰ ਕੇ ਹਉਮੈ ਵਲੋਂ ਮਰਦਾ ਹੈ ਤੇ ਆਤਮਕ ਜੀਵਨ ਹਾਸਲ ਕਰਦਾ ਹੈ, ਤਦੋਂ ਉਹ ਪਰਮਾਤਮਾ ਦੀ ਭਗਤੀ ਦਾ ਕੁਝ ਆਨੰਦ ਮਾਣਦਾ ਹੈ।
5040	123	ਗੁਰ ਪਰਸਾਦੀ ਹਰਿ ਮੰਨਿ ਵਸਾਏ॥		Gur Parasaadhee Har Mann Vasaaeae ||	By Guru's Grace, they enshrine the Lord within their minds.	(ਤਦੋਂ) ਗੁਰੂ ਦੀ ਕਿਰਪਾ ਨਾਲ ਉਹ ਪਰਮਾਤਮਾ ਨੂੰ ਆਪਣੇ ਮਨ ਵਿਚ ਵਸਾਂਦਾ ਹੈ।
5041	123	ਸਦਾ ਮੁਕਤੁ ਹਰਿ ਮੰਨਿ ਵਸਾਏ ਸਹਜੇ ਸਹਜਿ ਸਮਾਵਣਿਆ॥੩॥		Sadhaa Mukath Har Mann Vasaaeae Sehajae Sehaj Samaavaniaa ||3||	Enshrining the Lord within their minds, they are liberated forever. With intuitive ease, they merge into the Lord. ||3||	ਜੇਹੜਾ ਮਨੁੱਖ ਪਰਮਾਤਮਾ ਨੂੰ ਆਪਣੇ ਮਨ ਵਿਚ ਵਸਾਈ ਰੱਖਦਾ ਹੈ, ਉਹ ਸਦਾ (ਹਉਮੈ ਆਦਿਕ ਵਿਕਾਰਾਂ ਤੋਂ) ਆਜ਼ਾਦ ਰਹਿੰਦਾ ਹੈ, ਉਹ ਸਦਾ ਆਤਮਕ ਅਡੋਲਤਾ ਵਿਚ ਹੀ ਲੀਨ ਰਹਿੰਦਾ ਹੈ ॥੩॥

5042	123	ਬਹੁ ਕਰਮ ਕਮਾਵੈ ਮੁਕਤਿ ਨ ਪਾਏ॥		Bahu Karam Kamaavai Mukath N Paaeae ||	They perform all sorts of rituals, but they do not obtain liberation through them.	(ਭਗਤੀ ਤੋਂ ਬਿਨਾ) ਜੇ ਮਨੁੱਖ ਅਨੇਕਾਂ ਹੋਰ (ਮਿਥੇ ਹੋਏ ਧਾਰਮਿਕ) ਕੰਮ ਕਰਦਾ ਹੈ (ਤਾਂ ਭੀ ਵਿਕਾਰਾਂ ਤੋਂ) ਆਜ਼ਾਦੀ ਪ੍ਰਾਪਤ ਨਹੀਂ ਕਰ ਸਕਦਾ।
5043	123	ਦੇਸੰਤਰੁ ਭਵੈ ਦੂਜੈ ਭਾਇ ਖੁਆਏ॥	(ਦੇਸੰਤਰੁ) ਪ੍ਰਦੇਸਾਂ ਚ (ਭਵੈ) ਭਟਕਦਾ ਫਿਰੇ	Dhaesanthar Bhavai Dhoojai Bhaae Khuaaeae ||	They wander around the countryside, and in love with duality, they are ruined.	ਜੇ ਹੋਰ ਹੋਰ ਦੇਸਾਂ ਦਾ ਰਟਨ ਕਰਦਾ ਫਿਰੇ, ਤਾਂ ਭੀ ਮਾਇਆ ਦੇ ਮੋਹ ਵਿਚ ਰਹਿ ਕੇ ਕੁਰਾਹੇ ਹੀ ਪਿਆ ਰਹਿੰਦਾ ਹੈ।
5044	123	ਬਿਰਥਾ ਜਨਮੁ ਗਵਾਇਆ ਕਪਟੀ ਬਿਨੁ ਸਬਦੈ ਦੁਖੁ ਪਾਵਣਿਆ॥੪॥		Birathhaa Janam Gavaaeiaa Kapattee Bin Sabadhai Dhukh Paavaniaa ||4||	The deceitful lose their lives in vain; without the Word of the Shabad, they obtain only misery. ||4||	(ਅਸਲ ਵਿਚ ਉਹ ਮਨੁੱਖ ਛਲ ਹੀ ਕਰਦਾ ਹੈ ਤੇ) ਛਲੀ ਮਨੁੱਖ ਆਪਣਾ ਮਨੁੱਖਾਂ ਜੀਵਨ ਵਿਅਰਥ ਗਵਾਂਦਾ ਹੈ, ਗੁਰੂ ਦੇ ਸ਼ਬਦ (ਦਾ ਆਸਰਾ ਲੈਣ) ਤੋਂ ਬਿਨਾ ਉਹ ਦੁੱਖ ਹੀ ਪਾਂਦਾ ਰਹਿੰਦਾ ਹੈ ॥੪॥
5045	123	ਧਾਵਤੁ ਰਾਖੇ ਠਾਕਿ ਰਹਾਏ॥		Dhhaavath Raakhai Thaak Rehaaeae ||	Those who restrain their wandering mind, keeping it steady and stable,	ਜੇਹੜਾ ਮਨੁੱਖ (ਵਿਕਾਰਾਂ ਵਲ) ਦੌੜਦੇ ਮਨ ਦੀ ਰਾਖੀ ਕਰਦਾ ਹੈ (ਇਸ ਨੂੰ ਵਿਕਾਰਾਂ ਵਲੋਂ) ਰੋਕ ਕੇ ਰੱਖਦਾ ਹੈ,
5046	123	ਗੁਰ ਪਰਸਾਦੀ ਪਰਮਪਦੁ ਪਾਏ॥		Gur Parasaadhee Param Padh Paaeae ||	Obtain the supreme status, by Guru's Grace.	ਗੁਰੂ ਦੀ ਕਿਰਪਾ ਨਾਲ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ।

5047	123	ਸਤਿਗੁਰੁ ਆਪੇ ਮੇਲਿ ਮਿਲਾਏ ਮਿਲਿ ਪ੍ਰੀਤਮ ਸੁਖੁ ਪਾਵਣਿਆ॥੫॥		Sathigur Aapae Mael Milaaeae Mil Preetham Sukh Paavaniaa ||5||	The True Guru Himself unites us in Union with the Lord. Meeting the Beloved, peace is obtained. ||5||	ਗੁਰੂ ਆਪ ਹੀ ਉਸ ਨੂੰ ਪਰਮਾਤਮਾ ਦੇ ਚਰਨਾਂ ਵਿਚ ਮਿਲਾ ਦੇਂਦਾ ਹੈ, ਪ੍ਰੀਤਮ-ਪ੍ਰਭੂ ਨੂੰ ਮਿਲ ਕੇ ਉਹ ਆਤਮਕ ਆਨੰਦ ਮਾਣਦਾ ਹੈ ॥੫॥
5048	124	ਇਕਿ ਕੂੜਿ ਲਾਗੇ ਕੂੜੇ ਫਲ ਪਾਏ॥		Eik Koorr Laagae Koorrae Fal Paaeae ||	Some are stuck in falsehood, and false are the rewards they receive.	ਕਈ ਜੀਵ ਐਸੇ ਹਨ ਜੋ ਨਾਸਵੰਤ ਜਗਤ ਦੇ ਮੋਹ ਵਿਚ ਹੀ ਫਸੇ ਰਹਿੰਦੇ ਹਨ, ਉਹ ਫਲ ਭੀ ਉਹੀ ਪ੍ਰਾਪਤ ਕਰਦੇ ਹਨ ਜਿਨ੍ਹਾਂ ਨਾਲੋਂ ਸਾਥ ਟੁੱਟ ਜਾਂਦਾ ਹੈ।
5049	124	ਦੂਜੈ ਭਾਇ ਬਿਰਥਾ ਜਨਮੁ ਗਵਾਏ॥		Dhoojai Bhaae Birathhaa Janam Gavaaeae ||	In love with duality, they waste away their lives in vain.	(ਤੇ ਇਸ ਤਰ੍ਹਾਂ ਸਦਾ) ਮਾਇਆ ਦੇ ਮੋਹ ਵਿਚ ਹੀ ਰਹਿ ਕੇ ਉਹ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਲੈਂਦੇ ਹਨ।
5050	124	ਆਪਿ ਡੁਬੇ ਸਗਲੇ ਕੁਲ ਡੋਬੇ ਕੂੜੁ ਬੋਲਿ ਬਿਖੁ ਖਾਵਣਿਆ॥੬॥		Aap Ddubae Sagalae Kul Ddobae Koorr Bol Bikh Khaavaniaa ||6||	They drown themselves, and drown their entire family; speaking lies, they eat poison. ||6||	ਉਹ ਆਪ ਮਾਇਆ ਦੇ ਮੋਹ ਵਿਚ ਗ਼ਲਤਾਨ ਰਹਿੰਦੇ ਹਨ, ਆਪਣੀਆਂ ਸਾਰੀਆਂ ਕੁਲਾਂ ਨੂੰ ਉਸ ਮੋਹ ਵਿਚ ਹੀ ਡੋਬੀ ਰੱਖਦੇ ਹਨ, ਉਹ ਸਦਾ ਮਾਇਆ ਦੇ ਮੋਹ ਦੀਆਂ ਹੀ ਗੱਲਾਂ ਕਰ ਕੇ ਉਸ ਜ਼ਹਰ ਨੂੰ ਆਪਣੀ ਆਤਮਕ ਖ਼ੁਰਾਕ ਬਣਾਈ ਰੱਖਦੇ ਹਨ (ਜੋ ਉਹਨਾਂ ਦੀ ਆਤਮਕ ਮੌਤ ਦਾ ਕਾਰਨ ਬਣਦਾ ਹੈ) ॥੬॥

5051	124	ਇਸੁ ਤਨ ਮਹਿ ਮਨੁ ਕੋ ਗੁਰਮੁਖਿ ਦੇਖੈ॥		Eis Than Mehi Man Ko Guramukh Dhaekhai ||	How rare are those who, as Gurmukh, look within their bodies, into their minds.	(ਆਮ ਤੌਰ ਤੇ ਹਰੇਕ ਮਨੁੱਖ ਮਾਇਕ ਪਦਾਰਥਾਂ ਦੇ ਪਿੱਛੇ ਹੀ ਭਟਕਦਾ ਫਿਰਦਾ ਹੈ) ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਵਿਰਲਾ ਮਨੁੱਖ ਆਪਣੇ ਮਨ ਨੂੰ ਆਪਣੇ ਇਸ ਸਰੀਰ ਦੇ ਅੰਦਰ ਹੀ ਟਿਕਿਆ ਹੋਇਆ ਵੇਖਦਾ ਹੈ।
5052	124	ਭਾਇ ਭਗਤਿ ਜਾ ਹਉਮੈ ਸੋਖੈ॥		Bhaae Bhagath Jaa Houmai Sokhai ||	Through loving devotion, their ego evaporates.	(ਪਰ ਇਹ ਤਦੋਂ ਹੀ ਹੁੰਦਾ ਹੈ) ਜਦੋਂ ਉਹ ਪ੍ਰਭੂ ਦੇ ਪ੍ਰੇਮ ਵਿਚ ਪ੍ਰਭੂ ਦੀ ਭਗਤੀ ਵਿਚ ਟਿਕ ਕੇ (ਆਪਣੇ ਅੰਦਰੋਂ) ਹਉਮੈ ਮੁਕਾਂਦਾ ਹੈ।
5053	124	ਸਿਧ ਸਾਧਿਕ ਮੋਨਿਧਾਰੀ ਰਹੇ ਲਿਵ ਲਾਇ ਤਿਨ ਭੀ ਤਨ ਮਹਿ ਮਨੁ ਨ ਦਿਖਾਵਣਿਆ॥੭॥		Sidhh Saadhhik Monidhhaaree Rehae Liv Laae Thin Bhee Than Mehi Man N Dhikhaavaniaa ||7||	The Siddhas, the seekers and the silent sages continually, lovingly focus their consciousness, but they have not seen the mind within the body. ||7||	ਪੁੱਗੇ ਹੋਈ ਜੋਗੀ, ਜੋਗ-ਸਾਧਨ ਕਰਨ ਵਾਲੇ ਜੋਗੀ, ਮੋਨ-ਧਾਰੀ ਸਾਧੂ ਸੁਰਤ ਜੋੜਨ ਦੇ ਜਤਨ ਕਰਦੇ ਹਨ, ਪਰ ਉਹ ਭੀ ਆਪਣੇ ਮਨ ਨੂੰ ਸਰੀਰ ਦੇ ਅੰਦਰ ਟਿਕਿਆ ਹੋਇਆ ਨਹੀਂ ਵੇਖ ਸਕਦੇ ॥੭॥
5054	124	ਆਪਿ ਕਰਾਏ ਕਰਤਾ ਸੋਈ॥		Aap Karaaeae Karathaa Soee ||	The Creator Himself inspires us to work;	(ਪਰ ਜੀਵਾਂ ਦੇ ਕੀਹ ਵੱਸ? ਮਨ ਨੂੰ ਕਾਬੂ ਕਰਨ ਦਾ ਤੇ ਭਗਤੀ ਵਿਚ ਜੁੜਨ ਦਾ ਉੱਦਮ) ਉਹ ਕਰਤਾਰ ਆਪ ਹੀ (ਜੀਵਾਂ ਪਾਸੋਂ) ਕਰਾਂਦਾ ਹੈ।

5055	124	ਹੋਰੁ ਕਿ ਕਰੇ ਕੀਤੈ ਕਿਆ ਹੋਈ॥		Hor K Karae Keethai Kiaa Hoee ||	What can anyone else do? What can be done by our doing?	(ਆਪਣੇ ਆਪ) ਕੋਈ ਜੀਵ ਕੀਹ ਕਰ ਸਕਦਾ ਹੈ? ਕਰਤਾਰ ਦੇ ਪੈਦਾ ਕੀਤੇ ਹੋਏ ਇਹ ਜੀਵ ਪਾਸੋਂ ਆਪਣੇ ਉੱਦਮ ਨਾਲ ਕੁੱਝ ਨਹੀਂ ਹੋ ਸਕਦਾ ਹੈ।
5056	124	ਨਾਨਕ ਜਿਸੁ ਨਾਮੁ ਦੇਵੈ ਸੋ ਲੇਵੈ ਨਾਮੋ ਮੰਨਿ ਵਸਾਵਣਿਆ॥੮॥੨੩॥੨੪॥		Naanak Jis Naam Dhaevai So Laevai Naamo Mann Vasaavaniaa ||8||23||24||	O Nanak, the Lord bestows His Name; we receive it, and enshrine it within the mind. ||8||23||24||	ਹੇ ਨਾਨਕ! ਜਿਸ ਮਨੁੱਖ ਨੂੰ ਪਰਮਾਤਮਾ ਆਪਣੇ ਨਾਮ ਦੀ ਦਾਤ ਦੇਂਦਾ ਹੈ, ਉਹੀ ਨਾਮ ਸਿਮਰ ਸਕਦਾ ਹੈ , ਉਸ ਸਦਾ ਪ੍ਰਭੂ ਦੇ ਨਾਮ ਨੂੰ ਹੀ ਆਪਣੇ ਮਨ ਵਿਚ ਵਸਾਈ ਰੱਖਦਾ ਹੈ ॥੮॥੨੩॥੨੪॥
5057	124	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
5058	124	ਇਸੁ ਗੁਫਾ ਮਹਿ ਅਖੁਟ ਭੰਡਾਰਾ॥		Eis Gufaa Mehi Akhutt Bhanddaaraa ||	Within this cave, there is an inexhaustible treasure.	(ਜੋਗੀ ਲੋਕ ਪਹਾੜਾਂ ਦੀਆਂ ਗੁਫ਼ਾਂ ਵਿਚ ਬੈਠ ਕੇ ਆਤਮਕ ਸ਼ਕਤੀਆਂ ਪ੍ਰਾਪਤ ਕਰਨ ਦੇ ਜਤਨ ਕਰਦੇ ਹਨ, ਪਰ) ਇਸ ਸਰੀਰ ਗੁਫ਼ਾ ਵਿਚ (ਆਤਮਕ ਗੁਣਾਂ ਦੇ ਇਤਨੇ) ਖ਼ਜ਼ਾਨੇ (ਭਰੇ ਹੋਏ ਹਨ ਜੋ) ਮੁੱਕਣ ਜੋਗੇ ਨਹੀਂ,
5059	124	ਤਿਸੁ ਵਿਚਿ ਵਸੈ ਹਰਿ ਅਲਖ ਅਪਾਰਾ॥	ਅ-ਲਖ: ਪੋਲਾ ਬੋਲੋ	This Vich Vasai Har Alakh Apaaraa ||	Within this cave, the Invisible and Infinite Lord abides.	(ਕਿਉਂਕਿ ਸਾਰੇ ਗੁਣਾਂ ਦਾ ਮਾਲਕ) ਅਦ੍ਰਿਸ਼ਟ ਅਤੇ ਬੇਅੰਤ ਹਰੀ ਇਸ ਸਰੀਰ ਵਿਚ ਹੀ ਵੱਸਦਾ ਹੈ।

5060	124	ਆਪੇ ਗੁਪਤੁ ਪਰਗਟੁ ਹੈ ਆਪੇ ਗੁਰ ਸਬਦੀ ਆਪੁ ਵੰਞਾਵਣਿਆ॥੧॥		Aapae Gupath Paragatt Hai Aapae Gur Sabadhee Aap Vannjaavaniaa ||1||	He Himself is hidden, and He Himself is revealed; through the Word of the Guru's Shabad, selfishness and conceit are eliminated. ||1||	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਸ਼ਬਦ ਵਿਚ ਲੀਨ ਹੋ ਕੇ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ ਲਿਆ ਹੈ ਉਹਨਾਂ ਨੂੰ ਦਿੱਸ ਪੈਂਦਾ ਹੈ ਕਿ ਉਹ ਪਰਮਾਤਮਾ ਆਪ ਹੀ ਹਰ ਥਾਂ ਵੱਸ ਰਿਹਾ ਹੈ, ਕਿਸੇ ਨੂੰ ਪਰਤੱਖ ਨਜ਼ਰੀ ਆ ਜਾਂਦਾ ਹੈ, ਕਿਸੇ ਨੂੰ ਲੁਕਿਆ ਹੋਇਆ ਹੀ ਪ੍ਰਤੀਤ ਹੁੰਦਾ ਹੈ ॥੧॥
5061	124	ਹਉ ਵਾਰੀ ਜੀਉ ਵਾਰੀ ਅੰਮ੍ਰਿਤ ਨਾਮੁ ਮੰਨਿ ਵਸਾਵਣਿਆ॥		Ho Vaaree Jeeo Vaaree Anmrith Naam Mann Vasaavaniaa ||	I am a sacrifice, my soul is a sacrifice, to those who enshrine the Ambrosial Naam, the Name of the Lord, within their minds.	(ਹੇ ਭਾਈ!) ਮੈਂ ਉਹਨਾਂ ਤੋਂ ਸਦਾ ਸਦਕੇ ਤੇ ਕੁਰਬਾਨ ਜਾਂਦਾ ਹਾਂ ਜੇਹੜੇ ਆਤਮਕ ਜੀਵਨ ਦੇਣ ਵਾਲਾ ਹਰੀ ਨਾਮ ਆਪਣੇ ਮਨ ਵਿਚ ਵਸਾਂਦੇ ਹਨ।
5062	124	ਅੰਮ੍ਰਿਤ ਨਾਮੁ ਮਹਾ ਰਸੁ ਮੀਠਾ ਗੁਰਮਤੀ ਅੰਮ੍ਰਿਤੁ ਪੀਆਵਣਿਆ॥੧॥ਰਹਾਉ॥		Anmrith Naam Mehaa Ras Meethaa Guramathee Anmrith Peeaavaniaa ||1|| Rehaao ||	The taste of the Ambrosial Naam is very sweet! Through the Guru's Teachings, drink in this Ambrosial Nectar. ||1||Pause||	ਆਤਮਕ ਜੀਵਨ ਦਾਤਾ ਹਰਿ ਨਾਮ ਬਹੁਤ ਰਸ ਵਾਲਾ ਤੇ ਮਿੱਠਾ ਹੈ। ਗੁਰੂ ਦੀ ਮਤਿ ਤੇ ਤੁਰਿਆਂ ਹੀ ਇਹ ਨਾਮ ਅੰਮ੍ਰਿਤ ਪੀਤਾ ਜਾ ਸਕਦਾ ਹੈ ॥੧॥ ਰਹਾਉ ॥
5063	124	ਹਉਮੈ ਮਾਰਿ ਬਜਰ ਕਪਾਟ ਖੁਲਾਇਆ॥	(ਬੱਜਰ) ਸਖ਼ਤ ਅਗਿਆਨ ਰੂਪੀ (ਕਪਾਟ) ਪਰਦਾ	Houmai Maar Bajar Kapaatt Khulaaeiaa ||	Subduing egotism, the rigid doors are opened.	ਜਿਸ ਮਨੁੱਖ ਨੇ (ਆਪਣੇ ਅੰਦਰੋਂ) ਹਉਮੈ ਮਾਰ ਕੇ (ਹਉਮੈ ਦੇ) ਕਰੜੇ ਭਿੱਤ ਖੋਹਲ ਲਏ ਹਨ,

5064	124	ਨਾਮੁ ਅਮੋਲਕੁ ਗੁਰ ਪਰਸਾਦੀ ਪਾਇਆ॥		Naam Amolak Gur Parasaadhee Paaeiaa ||	The Priceless Naam is obtained by Guru's Grace.	ਉਸ ਨੇ ਗੁਰੂ ਦੀ ਕਿਰਪਾ ਨਾਲ ਉਹ ਨਾਮ ਅੰਮ੍ਰਿਤ (ਅੰਦਰੋਂ ਹੀ) ਲੱਭ ਲਿਆ ਜੋ ਕਿਸੇ (ਦੁਨਿਆਵੀ ਪਦਾਰਥ ਦੇ ਵੱਟੇ) ਮੁੱਲ ਨਹੀਂ ਮਿਲਦਾ।
5065	124	ਬਿਨੁ ਸਬਦੈ ਨਾਮੁ ਨ ਪਾਏ ਕੋਈ ਗੁਰ ਕਿਰਪਾ ਮੰਨਿ ਵਸਾਵਣਿਆ॥੨॥		Bin Sabadhai Naam N Paaeae Koee Gur Kirapaa Mann Vasaavaniaa ||2||	Without the Shabad, the Naam is not obtained. By Guru's Grace, it is implanted within the mind. ||2||	ਗੁਰੂ ਦੇ ਸ਼ਬਦ (ਵਿਚ ਜੁੜਨ) ਤੋਂ ਬਿਨਾ ਕੋਈ ਮਨੁੱਖ ਨਾਮ ਅੰਮ੍ਰਿਤ ਪ੍ਰਾਪਤ ਨਹੀਂ ਕਰ ਸਕਦਾ, ਗੁਰੂ ਦੀ ਕਿਰਪਾ ਨਾਲ ਹੀ (ਹਰਿ ਨਾਮ) ਮਨ ਵਿਚ ਵਸਾਇਆ ਜਾ ਸਕਦਾ ਹੈ ॥੨॥
5066	124	ਗੁਰ ਗਿਆਨੁ ਅੰਜਨੁ ਸਚੁ ਨੇਤ੍ਰੀ ਪਾਇਆ॥	(ਅੰਜਨੁ) ਸੁਰਮਾ	Gur Giaan Anjan Sach Naethree Paaeiaa ||	The Guru has applied the true ointment of spiritual wisdom to my eyes.	ਜਿਸ ਮਨੁੱਖ ਨੇ ਗੁਰੂ ਤੋਂ ਗਿਆਨ ਦਾ ਸਦਾ-ਥਿਰ ਰਹਿਣ ਵਾਲਾ ਸੁਰਮਾ (ਆਪਣੀਆਂ ਆਤਮਕ) ਅੱਖਾਂ ਵਿਚ ਪਾਇਆ ਹੈ,
5067	124	ਅੰਤਰਿ ਚਾਨਣੁ ਅਗਿਆਨੁ ਅੰਧੇਰੁ ਗਵਾਇਆ॥		Anthar Chaanan Agiaan Andhhaer Gavaaeiaa ||	Deep within, the Divine Light has dawned, and the darkness of ignorance has been dispelled.	ਉਸ ਦੇ ਅੰਦਰ (ਆਤਮਕ) ਚਾਨਣ ਹੋ ਗਿਆ ਹੈ, ਉਸ ਨੇ (ਆਪਣੇ ਅੰਦਰੋਂ) ਅਗਿਆਨ-ਹਨੇਰਾ ਦੂਰ ਕਰ ਲਿਆ ਹੈ।

5068	124	ਜੋਤੀ ਜੋਤਿ ਮਿਲੀ ਮਨੁ ਮਾਨਿਆ ਹਰਿ ਦਰਿ ਸੋਭਾ ਪਾਵਣਿਆ॥੩॥		Jothee Joth Milee Man Maaniaa Har Dhar Sobhaa Paavaniaa ||3||	My light has merged into the Light; my mind has surrendered, and I am blessed with Glory in the Court of the Lord. ||3||	ਉਸ ਦੀ ਸੁਰਤ ਪ੍ਰਭੂ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ, ਉਸ ਦਾ ਮਨ (ਪ੍ਰਭੂ ਦੀ ਯਾਦ ਵਿਚ) ਗਿੱਝ ਜਾਂਦਾ ਹੈ ਉਹ ਮਨੁੱਖ ਪਰਮਾਤਮਾ ਦੇ ਦਰ ਤੇ ਸੋਭਾ ਹਾਸਲ ਕਰਦਾ ਹੈ ॥੩॥
5069	124	ਸਰੀਰਹੁ ਭਾਲਣਿ ਕੋ ਬਾਹਰਿ ਜਾਏ॥	ਬਾ-ਹਰਿ: ਹ ਮੁਕਤਾ, ਰ ਸਿਹਾਰੀ ਲਾ ਕੇ	Sareerahu Bhaalan Ko Baahar Jaaeae ||	Those who look outside the body, searching for the Lord,	(ਪਰ ਜੇ ਕੋਈ ਮਨੁੱਖ ਆਪਣੇ) ਸਰੀਰ ਤੋਂ ਬਾਹਰ (ਜੰਗਲ ਵਿੱਚ ਪਹਾੜਾਂ ਦੀਆਂ ਗੁਫ਼ਾਂ ਵਿੱਚ ਇਸ ਆਤਮਕ ਚਾਨਣ ਨੂੰ) ਲੱਭਣ ਜਾਂਦਾ ਹੈ,
5070	124	ਨਾਮੁ ਨ ਲਹੈ ਬਹੁਤੁ ਵੇਗਾਰਿ ਦੁਖੁ ਪਾਏ॥	(ਵੇਗਾਰਿ) ਬਿਨਾ ਮਜੂਰੀ ਮਿਲੇ ਕੰਮ ਕਰਨਾ	Naam N Lehai Bahuth Vaegaar Dhukh Paaeae ||	Shall not receive the Naam; they shall instead be forced to suffer the terrible pains of slavery.	ਉਸ ਨੂੰ (ਇਹ ਆਤਮਕ ਚਾਨਣ ਦੇਣ ਵਾਲਾ) ਹਰਿ ਨਾਮ ਤਾ ਨਹੀਂ ਲੱਭਦਾ, ਉਹ (ਵਿਗਾਰ ਵਿਚ ਫਸੇ ਕਿਸੇ) ਵਿਗਾਰੀ ਵਾਂਗ ਦੁੱਖ ਹੀ ਪਾਂਦਾ ਹੈ।
5071	124	ਮਨਮੁਖ ਅੰਧੇ ਸੂਝੈ ਨਾਹੀ ਫਿਰਿ ਘਿਰਿ ਆਇ ਗੁਰਮੁਖਿ ਵਥੁ ਪਾਵਣਿਆ॥੪॥	(ਘਿਰਿ) ਚੱਕਰ ਕੱਟ ਕੇ ਸਾਧਸੰਗਤ ਰੂਪੀ (ਘਿਰਿ) ਘਰ ਆਵੇ। ਨਾਮ ਰੂਪੀ (ਵੱਥੁ) ਵਸਤੂ	Manamukh Andhhae Soojhai Naahee Fir Ghir Aae Guramukh Vathh Paavaniaa ||4||	The blind, self-willed manmukhs do not understand; but when they return once again to their own home, then, as Gurmukh, they find the genuine article. ||4||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਮਨੁੱਖ ਨੂੰ ਸਮਝ ਨਹੀਂ ਪੈਂਦੀ। (ਜੰਗਲਾਂ ਪਹਾੜਾਂ ਵਿਚ ਖ਼ੁਆਰ ਹੋ ਹੋ ਕੇ) ਆਖ਼ਰ ਉਹ ਆ ਕੇ ਗੁਰੂ ਦੀ ਸ਼ਰਨ ਪੈ ਕੇ ਨਾਮ ਅੰਮ੍ਰਿਤ ਪ੍ਰਾਪਤ ਕਰਦਾ ਹੈ ॥੪॥

5072	124	ਗੁਰ ਪਰਸਾਦੀ ਸਚਾ ਹਰਿ ਪਾਏ॥		Gur Parasaadhee Sachaa Har Paaeae ||	By Guru's Grace, the True Lord is found.	ਜਦੋਂ ਮਨੁੱਖ ਗੁਰੂ ਦੀ ਕਿਰਪਾ ਨਾਲ ਸਦਾ-ਥਿਰ ਹਰੀ ਦਾ ਮਿਲਾਪ ਪ੍ਰਾਪਤ ਕਰਦਾ ਹੈ,
5073	124	ਮਨਿ ਤਨਿ ਵੇਖੈ ਹਉਮੈ ਮੈਲੁ ਜਾਏ॥		Man Than Vaekhai Houmai Mail Jaaeae ||	Within your mind and body, see the Lord, and the filth of egotism shall depart.	ਤਾ ਉਹ ਆਪਣੇ ਮਨ ਵਿਚ (ਹੀ) ਆਪਣੇ ਤਨ ਵਿਚ (ਹੀ) ਉਸ ਦਾ ਦਰਸਨ ਕਰ ਲੈਂਦਾ ਹੈ, ਤੇ ਉਸ ਦੇ ਅੰਦਰੋਂ ਹਉਮੈ ਦੀ ਮੈਲ ਦੂਰ ਹੋ ਜਾਂਦੀ ਹੈ।
5074	124	ਬੈਸਿ ਸੁਥਾਨਿ ਸਦ ਹਰਿ ਗੁਣ ਗਾਵੈ ਸਚੈ ਸਬਦਿ ਸਮਾਵਣਿਆ॥੫॥		Bais Suthhaan Sadh Har Gun Gaavai Sachai Sabadh Samaavaniaa ||5||	Sitting in that place, sing the Glorious Praises of the Lord forever, and be absorbed in the True Word of the Shabad. ||5||	ਆਪਣੇ ਸੁੱਧ ਹੋਏ ਹਿਰਦੇ ਥਾਂ ਵਿਚ ਹੀ ਬੈਠ ਕੇ (ਭਟਕਣਾ ਰਹਿਤ ਹੋ ਕੇ) ਉਹ ਸਦਾ ਪਰਮਾਤਮਾ ਦੇ ਗੁਣ ਗਾਂਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਸਦਾ-ਥਿਰ ਪ੍ਰਭੂ ਵਿਚ ਸਮਾਇਆ ਰਹਿੰਦਾ ਹੈ ॥੫॥
5075	124	ਨਉ ਦਰਿ ਠਾਕੇ ਧਾਵਤੁ ਰਹਾਏ॥		No Dhar Thaakae Dhhaavath Rehaaeae ||	Those who close off the nine gates, and restrain the wandering mind,	ਜਿਸ ਮਨੁੱਖ ਨੇ ਆਪਣੇ ਨੌ ਦਰਵਾਜ਼ਾ (ਨੌ ਗੋਲਕਾਂ) (ਵਿਕਾਰਾਂ ਦੇ ਪ੍ਰਭਾਵ ਵਾਲੇ ਪਾਸੇ ਵੱਲੋਂ) ਬੰਦ ਕਰ ਲਏ ਹਨ, ਜਿਸ ਨੇ (ਵਿਕਾਰਾਂ ਵਲ) ਦੌੜਦਾ ਆਪਣਾ ਮਨ ਕਾਬੂ ਕਰ ਲਿਆ ਹੈ,
5076	124	ਦਸਵੈ ਨਿਜ ਘਰਿ ਵਾਸਾ ਪਾਏ॥		Dhasavai Nij Ghar Vaasaa Paaeae ||	Come to dwell in the Home of the Tenth Gate.	ਉਸ ਨੇ ਆਪਣੇ ਚਿਤ ਆਕਾਸ਼ ਦੀ ਰਾਹੀਂ (ਆਪਣੀ ਉੱਚੀ ਹੋਈ ਸੁਰਤ ਦੀ ਰਾਹੀਂ) ਆਪਣੇ ਅਸਲ ਘਰ ਵਿਚ (ਪ੍ਰਭੂ ਚਰਨਾਂ ਵਿਚ) ਨਿਵਾਸ ਪ੍ਰਾਪਤ ਕਰ ਲਿਆ ਹੈ।

5077	124	ਓਥੈ ਅਨਹਦ ਸਬਦ ਵਜਹਿ ਦਿਨੁ ਰਾਤੀ ਗੁਰਮਤੀ ਸਬਦੁ ਸੁਣਾਵਣਿਆ॥੬॥	ਵੱਜ-ਹਿ	Outhhai Anehadh Sabadh Vajehi Dhin Raathee Guramathee Sabadh Sunaavaniaa ||6||	There, the Unstruck Melody of the Shabad vibrates day and night. Through the Guru's Teachings, the Shabad is heard. ||6||	ਉਸ ਅਵਸਥਾ ਵਿਚ ਪਹੁੰਚੇ ਮਨੁੱਖ ਦੇ ਅੰਦਰ (ਹਿਰਦੇ ਵਿਚ) ਸਦਾ ਇਕ-ਰਸ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਬੋਲ ਆਪਣਾ ਪ੍ਰਭਾਵ ਪਾਈ ਰੱਖਦੇ ਹਨ। ਉਹ ਦਿਨ ਰਾਤ ਗੁਰੂ ਦੀ ਮਤਿ ਤੇ ਤੁਰ ਕੇ ਸਿਫ਼ਤ-ਸਾਲਾਹ ਦੀ ਬਾਣੀ ਨੂੰ ਹੀ ਆਪਣੀ ਸੁਰਤ ਵਿਚ ਟਿਕਾਈ ਰੱਖਦਾ ਹੈ ॥੬॥
5078	124	ਬਿਨੁ ਸਬਦੈ ਅੰਤਰਿ ਆਨੇਰਾ॥	ਆਨ੍ਹੇਰਾ	Bin Sabadhai Anthar Aanaeraa ||	Without the Shabad, there is only darkness within.	ਗੁਰੂ ਦੇ ਸ਼ਬਦ ਤੋਂ ਬਿਨਾ ਮਨੁੱਖ ਦੇ ਹਿਰਦੇ ਵਿਚ ਮਾਇਆ ਦੇ ਮੋਹ ਦਾ ਹਨੇਰਾ ਬਣਿਆ ਰਹਿੰਦਾ ਹੈ,
5079	124	ਨ ਵਸਤੁ ਲਹੈ ਨ ਚੂਕੈ ਫੇਰਾ॥	ਚੌਰਾਸੀ ਦਾ ਫੇਰਾ	N Vasath Lehai N Chookai Faeraa ||	The genuine article is not found, and the cycle of reincarnation does not end.	ਜਿਸ ਕਰਕੇ ਉਸ ਨੂੰ ਆਪਣੇ ਅੰਦਰੋਂ ਨਾਮ ਪਦਾਰਥ ਨਹੀਂ ਲੱਭਦਾ ਤੇ ਉਸ ਦਾ ਜਨਮ ਮਰਨ ਦਾ ਗੇੜ ਬਣਿਆ ਰਹਿੰਦਾ ਹੈ।
5080	124	ਸਤਿਗੁਰ ਹਥਿ ਕੁੰਜੀ ਹੋਰਤੁ ਦਰੁ ਖੁਲੈ ਨਾਹੀ ਗੁਰੁ ਪੂਰੈ ਭਾਗਿ ਮਿਲਾਵਣਿਆ॥੭॥		Sathigur Hathh Kunjee Horath Dhar Khulai Naahee Gur Poorai Bhaag Milaavaniaa ||7||	The key is in the hands of the True Guru; no one else can open this door. By perfect destiny, He is met. ||7||	(ਮੋਹ ਦੇ ਬੱਜਰ ਕਵਾੜ ਖੋਹਲਣ ਲਈ) ਕੁੰਜੀ ਗੁਰੂ ਦੇ ਹੱਥ ਵਿਚ ਹੀ ਹੈ, ਕਿਸੇ ਹੋਰ ਵਸੀਲੇ ਨਾਲ ਉਹ ਦਰਵਾਜ਼ਾ ਨਹੀਂ ਖੁਲ੍ਹਦਾ। ਤੇ, ਗੁਰੂ ਭੀ ਵੱਡੀ ਕਿਸਮਤਿ ਨਾਲ ਹੀ ਮਿਲਦਾ ਹੈ ॥੭॥

5081	124	ਗੁਪਤੁ ਪਰਗਟੁ ਤੂੰ ਸਭਨੀ ਥਾਈ॥	ਥਾਂਈਂ	Gupath Paragatt Thoon Sabhanee Thhaaee ||	You are the hidden and the revealed in all places.	ਹੇ ਪ੍ਰਭੂ! ਤੂੰ ਸਭ ਥਾਵਾਂ ਵਿਚ ਮੌਜੂਦ ਹੈਂ, (ਕਿਸੇ ਨੂੰ) ਪਰਤੱਖ (ਦਿੱਸ ਪੈਂਦਾ ਹੈਂ ਕਿਸੇ ਦੇ ਭਾ ਦਾ) ਲੁਕਿਆ ਹੋਇਆ ਹੈਂ।
5082	124	ਗੁਰ ਪਰਸਾਦੀ ਮਿਲਿ ਸੋਝੀ ਪਾਈ॥		Gur Parasaadhee Mil Sojhee Paaee ||	Receiving Guru's Grace, this understanding is obtained.	(ਤੇਰੇ ਸਰਬ ਵਿਆਪਕ ਹੋਣ ਦੀ) ਸਮਝ ਗੁਰੂ ਦੀ ਕਿਰਪਾ ਨਾਲ (ਤੈਨੂੰ) ਮਿਲ ਕੇ ਹੁੰਦੀ ਹੈ।
5083	124	ਨਾਨਕ ਨਾਮੁ ਸਲਾਹਿ ਸਦਾ ਤੂੰ ਗੁਰਮੁਖਿ ਮੰਨਿ ਵਸਾਵਣਿਆ॥੮॥੨੪॥੨੫॥		Naanak Naam Salaahi Sadhaa Thoon Guramukh Mann Vasaavaniaa ||8||24||25||	O Nanak, praise the Naam forever; as Gurmukh, enshrine it within the mind. ||8||24||25||	ਹੇ ਨਾਨਕ! ਤੂੰ (ਗੁਰੂ ਦੀ ਸਰਨ ਪੈ ਕੇ) ਸਦਾ ਪਰਮਾਤਮਾ ਦੇ ਨਾਮ ਦੀ ਸਿਫ਼ਤ-ਸਾਲਾਹ ਕਰਦਾ ਰਹੁ। ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪ੍ਰਭੂ ਦੇ ਨਾਮ ਨੂੰ ਆਪਣੇ ਮਨ ਵਿਚ ਵਸਾ ਲੈਂਦਾ ਹੈ ॥੮॥੨੪॥੨੫॥
5084	124	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
5085	124	ਗੁਰਮੁਖਿ ਮਿਲੈ ਮਿਲਾਏ ਆਪੇ॥		Guramukh Milai Milaaeae Aapae ||	The Gurmukhs meet the Lord, and inspire others to meet Him as well.	ਜੇਹੜਾ ਮਨੁੱਖ ਗੁਰੂ ਦਾ ਆਸਰਾ-ਪਰਨਾ ਲੈਂਦਾ ਹੈ, ਉਸ ਨੂੰ ਪਰਮਾਤਮਾ ਮਿਲ ਪੈਂਦਾ ਹੈ, ਪਰਮਾਤਮਾ ਆਪ ਹੀ ਉਸ ਨੂੰ ਗੁਰੂ ਮਿਲਾਂਦਾ ਹੈ।
5086	124	ਕਾਲੁ ਨ ਜੋਹੈ ਦੁਖੁ ਨ ਸੰਤਾਪੇ॥		Kaal N Johai Dhukh N Santhaapae ||	Death does not see them, and pain does not afflict them.	(ਅਜੇਹੇ ਮਨੁੱਖ ਨੂੰ) ਆਤਮਕ ਮੌਤ ਆਪਣੀ ਤੱਕ ਵਿਚ ਨਹੀਂ ਰੱਖਦੀ, ਉਸ ਨੂੰ ਕੋਈ ਦੁੱਖ ਕਲੇਸ਼ ਸਤਾ ਨਹੀਂ ਸਕਦਾ।

5087	124	ਹਉਮੈ ਮਾਰਿ ਬੰਧਨ ਸਭ ਤੋੜੈ ਗੁਰਮੁਖਿ ਸਬਦਿ ਸੁਹਾਵਣਿਆ॥੧॥		Houmai Maar Bandhhan Sabh Thorrai Guramukh Sabadh Suhaavaniaa ||1||	Subduing egotism, they break all their bonds; as Gurmukh, they are adorned with the Word of the Shabad. ||1||	ਗੁਰੂ ਦੇ ਆਸਰੇ ਰਹਿਣ ਵਾਲਾ ਮਨੁੱਖ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ (ਮਾਇਆ ਦੇ ਮੋਹ ਦੇ) ਸਾਰੇ ਬੰਧਨ ਤੋੜ ਲੈਂਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦਾ ਜੀਵਨ ਸੋਹਣਾ ਬਣ ਜਾਂਦਾ ਹੈ ॥੧॥
5088	124	ਹਉ ਵਾਰੀ ਜੀਉ ਵਾਰੀ ਹਰਿ ਹਰਿ ਨਾਮਿ ਸੁਹਾਵਣਿਆ॥		Ho Vaaree Jeeo Vaaree Har Har Naam Suhaavaniaa ||	I am a sacrifice, my soul is a sacrifice, to those who look beautiful in the Name of the Lord, Har, Har.	ਮੈਂ ਉਸ ਮਨੁੱਖ ਤੋਂ ਸਦਾ ਸਦਕੇ ਜਾਂਦਾ ਹਾਂ, ਜੇਹੜਾ ਪਰਮਾਤਮਾ ਦੇ ਨਾਮ ਵਿਚ ਜੁੜ ਕੇ ਆਪਣਾ ਜੀਵਨ ਸੁੰਦਰ ਬਣਾ ਲੈਂਦਾ ਹੈ।
5089	124	ਗੁਰਮੁਖਿ ਗਾਵੈ ਗੁਰਮੁਖਿ ਨਾਚੈ ਹਰਿ ਸੇਤੀ ਚਿਤੁ ਲਾਵਣਿਆ॥੧॥ਰਹਾਉ॥		Guramukh Gaavai Guramukh Naachai Har Saethee Chith Laavaniaa ||1|| Rehaao ||	The Gurmukhs sing, the Gurmukhs dance, and focus their consciousness on the Lord. ||1||Pause||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪ੍ਰਭੂ ਦੇ ਗੁਣ ਗਾਂਦਾ ਰਹਿੰਦਾ ਹੈ, ਉਸ ਦਾ ਮਨ (ਨਾਮ ਸਿਮਰਨ ਦੇ) ਹੁਲਾਰੇ ਵਿਚ ਆਇਆ ਰਹਿੰਦਾ ਹੈ, ਗੁਰੂ ਦਾ ਆਸਰਾ ਰੱਖਣ ਵਾਲਾ ਮਨੁੱਖ ਪਰਮਾਤਮਾ (ਦੇ ਚਰਨਾਂ) ਨਾਲ ਆਪਣਾ ਮਨ ਜੋੜੀ ਰੱਖਦਾ ਹੈ ॥੧॥ ਰਹਾਉ ॥

5090	125	ਗੁਰਮੁਖਿ ਜੀਵੈ ਮਰੈ ਪਰਵਾਣੁ॥		Guramukh Jeevai Marai Paravaan ||	The Gurmukhs are celebrated in life and death.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਆਤਮਕ ਜੀਵਨ ਪ੍ਰਾਪਤ ਕਰ ਲੈਂਦਾ ਹੈ ਤੇ ਹਉਮੈ ਵਲੋਂ ਮਰਿਆ ਰਹਿੰਦਾ ਹੈ (ਇਸ ਤਰ੍ਹਾਂ ਉਹ ਪ੍ਰਭੂ ਦੀਆਂ ਨਜਰਾਂ ਵਿਚ) ਕਬੂਲ ਹੋ ਜਾਂਦਾ ਹੈ।
5091	125	ਆਰਜਾ ਨ ਛੀਜੈ ਸਬਦੁ ਪਛਾਣੁ॥	(ਆਰਜਾ) ਉਮਰ ਨ (ਛੀਜੈ) ਬਰਬਾਦ ਹੋਏ	Aarajaa N Shheejai Sabadh Pashhaan ||	Their lives are not wasted; they realize the Word of the Shabad.	ਉਸ ਦੀ ਉਮਰ ਵਿਅਰਥ ਨਹੀਂ ਜਾਂਦੀ, ਗੁਰੂ ਦਾ ਸ਼ਬਦ ਉਸ ਦਾ ਜੀਵਨ-ਸਾਥੀ ਬਣਿਆ ਰਹਿੰਦਾ ਹੈ।
5092	125	ਗੁਰਮੁਖਿ ਮਰੈ ਨ ਕਾਲੁ ਨ ਖਾਏ ਗੁਰਮੁਖਿ ਸਚਿ ਸਮਾਵਣਿਆ॥੨॥		Guramukh Marai N Kaal N Khaaeae Guramukh Sach Samaavaniaa ||2||	The Gurmukhs do not die; they are not consumed by death. The Gurmukhs are absorbed in the True Lord. ||2||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਆਤਮਕ ਮੌਤ ਤੋਂ ਬਚਿਆ ਰਹਿੰਦਾ ਹੈ। ਆਤਮਕ ਮੌਤ ਉਸ ਉੱਤੇ ਜ਼ੋਰ ਨਹੀਂ ਪਾ ਸਕਦੀ, ਉਹ ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਲੀਨ ਰਹਿੰਦਾ ਹੈ ॥੨॥
5093	125	ਗੁਰਮੁਖਿ ਹਰਿ ਦਰਿ ਸੋਭਾ ਪਾਏ॥		Guramukh Har Dhar Sobhaa Paaeae ||	The Gurmukhs are honored in the Court of the Lord.	ਗੁਰੂ ਦੇ ਆਸਰੇ ਪਰਨੇ ਰਹਿਣ ਵਾਲਾ ਮਨੁੱਖ ਪਰਮਾਤਮਾ ਦੇ ਦਰ ਤੇ ਸੋਭਾ ਖੱਟਦਾ ਹੈ।
5094	125	ਗੁਰਮੁਖਿ ਵਿਚਹੁ ਆਪੁ ਗਵਾਏ॥		Guramukh Vichahu Aap Gavaaeae ||	The Gurmukhs eradicate selfishness and conceit from within.	ਉਹ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰੀ ਰੱਖਦਾ ਹੈ।

5095	125	ਆਪਿ ਤਰੈ ਕੁਲ ਸਗਲੇ ਤਾਰੇ ਗੁਰਮੁਖਿ ਜਨਮੁ ਸਵਾਰਣਿਆ॥੩॥		Aap Tharai Kul Sagalae Thaarae Guramukh Janam Savaaraniaa ||3||	They save themselves, and save all their families and ancestors as well. The Gurmukhs redeem their lives. ||3||	ਉਹ ਆਪ ਸੰਸਾਰ-ਸਮੁੰਦਰ (ਦੇ ਵਿਕਾਰਾਂ) ਤੋਂ ਪਾਰ ਲੰਘ ਜਾਂਦਾ ਹੈ, ਆਪਣੀਆਂ ਸਾਰੀਆਂ ਕੁਲਾਂ ਨੂੰ (ਭੀ) ਪਾਰ ਲੰਘਾ ਲੈਂਦਾ ਹੈ। ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਆਪਣਾ ਜੀਵਨ ਸਵਾਰ ਲੈਂਦਾ ਹੈ ॥੩॥
5096	125	ਗੁਰਮੁਖਿ ਦੁਖੁ ਕਦੇ ਨ ਲਗੈ ਸਰੀਰਿ॥		Guramukh Dhukh Kadhae N Lagai Sareer ||	The Gurmukhs never suffer bodily pain.	ਜੇਹੜਾ ਮਨੁੱਖ ਗੁਰੂ ਦੀ ਸਰਨ ਲੈਂਦਾ ਹੈ, ਉਸ ਦੇ ਸਰੀਰ ਵਿਚ ਕਦੇ ਹਉਮੈ ਦਾ ਰੋਗ ਨਹੀਂ ਲੱਗਦਾ।
5097	125	ਗੁਰਮੁਖਿ ਹਉਮੈ ਚੂਕੈ ਪੀਰ॥	(ਪੀਰ) ਪੀੜ	Guramukh Houmai Chookai Peer ||	The Gurmukhs have the pain of egotism taken away.	ਉਸ ਦੇ ਅੰਦਰੋਂ ਹਉਮੈ ਦੀ ਪੀੜ ਖ਼ਤਮ ਹੋ ਜਾਂਦੀ ਹੈ।
5098	125	ਗੁਰਮੁਖਿ ਮਨੁ ਨਿਰਮਲੁ ਫਿਰਿ ਮੈਲੁ ਨ ਲਾਗੈ ਗੁਰਮੁਖਿ ਸਹਜਿ ਸਮਾਵਣਿਆ॥੪॥		Guramukh Man Niramal Fir Mail N Laagai Guramukh Sehaj Samaavaniaa ||4||	The minds of the Gurmukhs are immaculate and pure; no filth ever sticks to them again. The Gurmukhs merge in celestial peace. ||4||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਾ ਮਨ ਹਉਮੈ ਦੀ ਮੈਲ ਤੋਂ ਸਾਫ਼ ਰਹਿੰਦਾ ਹੈ, (ਗੁਰੂ ਦਾ ਆਸਰਾ ਲੈਣ ਕਰਕੇ ਉਸ ਨੂੰ) ਫਿਰ (ਹਉਮੈ ਦੀ) ਮੈਲ ਨਹੀਂ ਚੰਬੜਦੀ, ਉਹ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ॥੪॥
5099	125	ਗੁਰਮੁਖਿ ਨਾਮੁ ਮਿਲੈ ਵਡਿਆਈ॥		Guramukh Naam Milai Vaddiaaee ||	The Gurmukhs obtain the Greatness of the Naam.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੂੰ ਪਰਮਾਤਮਾ ਦਾ ਨਾਮ ਪ੍ਰਾਪਤ ਹੋ ਜਾਂਦਾ ਹੈ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ।

5100	125	ਗੁਰਮੁਖਿ ਗੁਣ ਗਾਵੈ ਸੋਭਾ ਪਾਈ॥		Guramukh Gun Gaavai Sobhaa Paaee ||	The Gurmukhs sing the Glorious Praises of the Lord, and obtain honor.	ਉਹ ਪਰਮਾਤਮਾ ਦੇ ਗੁਣ ਗਾਂਦਾ ਹੈ ਤੇ (ਹਰ ਥਾਂ) ਸੋਭਾ ਖੱਟਦਾ ਹੈ।
5101	125	ਸਦਾ ਅਨੰਦਿ ਰਹੈ ਦਿਨੁ ਰਾਤੀ ਗੁਰਮੁਖਿ ਸਬਦੁ ਕਰਾਵਣਿਆ॥੫॥		Sadhaa Anandh Rehai Dhin Raathee Guramukh Sabadh Karaavaniaa ||5||	They remain in bliss forever, day and night. The Gurmukhs practice the Word of the Shabad. ||5||	ਗੁਰੂ ਦੇ ਦਰ ਤੇ ਟਿਕੇ ਰਹਿਣ ਨਾਲ ਮਨੁੱਖ ਸਦਾ ਦਿਨ ਰਾਤ ਆਤਮਕ ਆਨੰਦ ਵਿਚ ਮਗਨ ਰਹਿੰਦਾ ਹੈ, ਉਹ ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਕਾਰ ਕਰਦਾ ਹੈ ॥੫॥
5102	125	ਗੁਰਮੁਖਿ ਅਨ ਦਿਨੁ ਸਬਦੇ ਰਾਤਾ॥	(ਰਾਤਾ) ਰੰਗਿਆ	Guramukh Anadhin Sabadhae Raathaa ||	The Gurmukhs are attuned to the Shabad, night and day.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਹਰ ਵੇਲੇ ਗੁਰੂ ਦੇ ਸ਼ਬਦ ਵਿਚ ਰੰਗਿਆ ਰਹਿੰਦਾ ਹੈ।
5103	125	ਗੁਰਮੁਖਿ ਜੁਗ ਚਾਰੇ ਹੈ ਜਾਤਾ॥	(ਜਾਤਾ) ਜਾਣਿਆ	Guramukh Jug Chaarae Hai Jaathaa ||	The Gurmukhs are known throughout the four ages.	ਸਦਾ ਤੋਂ ਹੀ ਇਹ ਨਿਯਮ ਹੈ ਕਿ ਗੁਰੂ ਦੇ ਦਰ ਤੇ ਰਹਿਣ ਵਾਲਾ ਮਨੁੱਖ ਪ੍ਰਭੂ ਨਾਲ ਡੂੰਘੀ ਸਾਂਝ ਪਾਈ ਰੱਖਦਾ ਹੈ।
5104	125	ਗੁਰਮੁਖਿ ਗੁਣ ਗਾਵੈ ਸਦਾ ਨਿਰਮਲੁ ਸਬਦੇ ਭਗਤਿ ਕਰਾਵਣਿਆ॥੬॥		Guramukh Gun Gaavai Sadhaa Niramal Sabadhae Bhagath Karaavaniaa ||6||	The Gurmukhs always sing the Glorious Praises of the Immaculate Lord. Through the Shabad, they practice devotional worship. ||6||	ਉਹ ਸਦਾ ਪਰਮਾਤਮਾ ਦੇ ਗੁਣ ਗਾਂਦਾ ਹੈ ਤੇ ਪਵਿਤ੍ਰ ਜੀਵਨ ਵਾਲਾ ਬਣਿਆ ਰਹਿੰਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਹ ਪਰਮਾਤਮਾ ਦੀ ਭਗਤੀ ਕਰਦਾ ਹੈ ॥੬॥

5105	125	ਬਾਝੁ ਗੁਰੂ ਹੈ ਅੰਧ ਅੰਧਾਰਾ॥		Baajh Guroo Hai Andhh Andhhaaraa ||	Without the Guru, there is only pitch-black darkness.	ਗੁਰੂ ਦੀ ਸਰਨ ਤੋਂ ਬਿਨਾ (ਮਾਇਆ ਦੇ ਮੋਹ ਦਾ) ਘੁੱਪ ਹਨੇਰਾ ਛਾਇਆ ਰਹਿੰਦਾ ਹੈ।
5106	125	ਜਮਕਾਲਿ ਗਰਠੇ ਕਰਹਿ ਪੁਕਾਰਾ॥	(ਗਰਠੇ) ਪਕੜੇ	Jamakaal Garathae Karehi Pukaaraa ||	Seized by the Messenger of Death, people cry out and scream.	(ਇਸ ਹਨੇਰੇ ਦੇ ਕਾਰਨ) ਜਿਨ੍ਹਾਂ ਨੂੰ ਆਤਮਕ ਮੌਤ ਨੇ ਗ੍ਰਸ ਲਿਆ ਹੁੰਦਾ ਹੈ ਉਹ (ਦੁਖੀ ਹੋ ਹੋ ਕੇ) ਪੁਕਾਰਾਂ ਕਰਦੇ ਰਹਿੰਦੇ ਹਨ (ਦੁੱਖਾਂ ਦੇ ਗਿਲੇ ਕਰਦੇ ਰਹਿੰਦੇ ਹਨ)।
5107	125	ਅਨ ਦਿਨੁ ਰੋਗੀ ਬਿਸਟਾ ਕੇ ਕੀੜੇ ਬਿਸਟਾ ਮਹਿ ਦੁਖੁ ਪਾਵਣਿਆ॥੭॥		Anadhin Rogee Bisattaa Kae Keerrae Bisattaa Mehi Dhukh Paavaniaa ||7||	Night and day, they are diseased, like maggots in manure, and in manure they endure agony. ||7||	ਉਹ ਹਰ ਵੇਲੇ ਵਿਕਾਰਾਂ ਦੇ ਰੋਗ ਵਿਚ ਫਸੇ ਰਹਿੰਦੇ ਹਨ ਤੇ ਦੁੱਖ ਸਹਿੰਦੇ ਰਹਿੰਦੇ ਹਨ ਜਿਵੇਂ ਗੰਦ ਦੇ ਕੀੜੇ ਗੰਦ ਵਿਚ ਹੀ ਕੁਰਬਲ ਕੁਰਬਲ ਕਰਦੇ ਰਹਿੰਦੇ ਹਨ ॥੭॥
5108	125	ਗੁਰਮੁਖਿ ਆਪੇ ਕਰੇ ਕਰਾਏ॥		Guramukh Aapae Karae Karaaeae ||	The Gurmukhs know that the Lord alone acts, and causes others to act.	ਜੇਹੜਾ ਮਨੁੱਖ ਗੁਰੂ ਦੀ ਸਰਨ ਵਿਚ ਰਹਿੰਦਾ ਹੈ, ਉਸ ਨੂੰ ਫਿਰ ਇਹ ਨਿਸਚਾ ਹੋ ਜਾਂਦਾ ਹੈ ਕਿ (ਪ੍ਰਭੂ ਸਭ ਜੀਵਾਂ ਵਿਚ ਵਿਆਪਕ ਹੋ ਕੇ) ਆਪ ਹੀ ਸਭ ਕੁਝ ਕਰਦਾ ਹੈ ਤੇ (ਜੀਵਾਂ ਪਾਸੋਂ) ਕਰਾਂਦਾ ਹੈ।
5109	125	ਗੁਰਮੁਖਿ ਹਿਰਦੈ ਵੁਠਾ ਆਪਿ ਆਏ॥	(ਵੁੱਠਾ) ਵਸਿਆ	Guramukh Hiradhai Vuthaa Aap Aaeae ||	In the hearts of the Gurmukhs, the Lord Himself comes to dwell.	ਉਸ ਦੇ ਹਿਰਦੇ ਵਿਚ ਪਰਮਾਤਮਾ ਆਪ ਆ ਵਸਦਾ ਹੈ,

5110	125	ਨਾਨਕ ਨਾਮਿ ਮਿਲੈ ਵਡਿਆਈ ਪੂਰੇ ਗੁਰ ਤੇ ਪਾਵਣਿਆ॥੮॥੨੫॥੨੬॥		Naanak Naam Milai Vaddiaaee Poorae Gur Thae Paavaniaa ||8||25||26||	O Nanak, through the Naam, greatness is obtained. It is received from the Perfect Guru. ||8||25||26||	ਹੇ ਨਾਨਕ! ਪਰਮਾਤਮਾ ਦੇ ਨਾਮ ਵਿਚ ਜੁੜਿਆਂ (ਲੋਕ ਪਰਲੋਕ ਵਿਚ) ਆਦਰ ਮਿਲਦਾ ਹੈ, ਤੇ (ਪ੍ਰਭੂ ਦਾ ਨਾਮ) ਪੂਰੇ ਗੁਰੂ ਪਾਸੋਂ (ਹੀ) ਮਿਲਦਾ ਹੈ ॥੮॥੨੫॥੨੬॥
5111	125	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
5112	125	ਏਕਾ ਜੋਤਿ ਜੋਤਿ ਹੈ ਸਰੀਰਾ॥		Eaekaa Joth Joth Hai Sareeraa ||	The One Light is the light of all bodies.	ਸਭ ਸਰੀਰਾਂ ਵਿਚ ਪਰਮਾਤਮਾ ਦੀ ਹੀ ਜੋਤਿ ਵਿਆਪਕ ਹੈ, (ਅਜਿਹਾ ਨਿਸਚਾ)
5113	125	ਸਬਦਿ ਦਿਖਾਏ ਸਤਿਗੁਰੁ ਪੂਰਾ॥		Sabadh Dhikhaaeae Sathigur Pooraa ||	The Perfect True Guru reveals it through the Word of the Shabad.	ਪੂਰਾ ਗੁਰੂ ਆਪਣੇ ਸ਼ਬਦ ਵਿਚ ਜੋੜ ਕੇ (ਸਰਨ ਆਏ ਮਨੁੱਖ ਨੂੰ) ਵਿਖਾ ਦੇਂਦਾ ਹੈ।
5114	125	ਆਪੇ ਫਰਕੁ ਕੀਤੋਨੁ ਘਟ ਅੰਤਰਿ ਆਪੇ ਬਣਤ ਬਣਾਵਣਿਆ॥੧॥	(ਕੀਤੋਨੁ) ਕੀਤਾ	Aapae Farak Keethon Ghatt Anthar Aapae Banath Banaavaniaa ||1||	He Himself instills the sense of separation within our hearts; He Himself created the Creation. ||1||	ਪਰਮਾਤਮਾ ਨੇ ਆਪ ਹੀ ਸਭ ਜੀਵਾਂ ਦੀ ਬਨਾਵਟ ਬਣਾਈ ਹੈ (ਪੈਦਾ ਕੀਤੇ ਹਨ) ਤੇ ਆਪ ਹੀ ਉਸ ਨੇ ਸਾਰੇ ਸਰੀਰਾਂ ਵਿਚ (ਆਤਮਕ ਜੀਵਨ ਦਾ) ਫ਼ਰਕ ਬਣਾਇਆ ਹੋਇਆ ਹੈ ॥੧॥

5115	125	ਹਉ ਵਾਰੀ ਜੀਉ ਵਾਰੀ ਹਰਿ ਸਚੇ ਕੇ ਗੁਣ ਗਾਵਣਿਆ॥		Ho Vaaree Jeeo Vaaree Har Sachae Kae Gun Gaavaniaa ||	I am a sacrifice, my soul is a sacrifice, to those who sing the Glorious Praises of the True Lord.	ਮੈਂ ਸਦਾ ਉਹਨਾਂ ਮਨੁੱਖਾਂ ਤੋਂ ਸਦਕੇ ਕੁਰਬਾਨ ਜਾਂਦਾ ਹਾਂ, ਜੇਹੜੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ।
5116	125	ਬਾਝੁ ਗੁਰੂ ਕੋ ਸਹਜੁ ਨ ਪਾਏ ਗੁਰਮੁਖਿ ਸਹਜਿ ਸਮਾਵਣਿਆ॥੧॥ਰਹਾਉ॥		Baajh Guroo Ko Sehaj N Paaeae Guramukh Sehaj Samaavaniaa ||1|| Rehaao ||	Without the Guru, no one obtains intuitive wisdom; the Gurmukh is absorbed in intuitive peace. ||1||Pause||	(ਆਤਮਕ ਅਡੋਲਤਾ ਵਿਚ ਰਹਿ ਕੇ ਹੀ ਸਿਫ਼ਤ-ਸਾਲਾਹ ਕੀਤੀ ਜਾ ਸਕਦੀ ਹੈ, ਤੇ) ਗੁਰੂ ਦੀ ਸਰਨ ਤੋਂ ਬਿਨਾ ਕੋਈ ਮਨੁੱਖ ਆਤਮਕ ਅਡੋਲਤਾ ਹਾਸਲ ਨਹੀਂ ਕਰ ਸਕਦਾ। ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਹੀ ਆਤਮਕ ਅਡੋਲਤਾ ਵਿਚ ਲੀਨ ਰਹਿੰਦੇ ਹਨ ॥੧॥ ਰਹਾਉ ॥
5117	125	ਤੂੰ ਆਪੇ ਸੋਹਹਿ ਆਪੇ ਜਗੁ ਮੋਹਹਿ॥	(ਸੋਹਹਿ) ਸੋਭਨੀਕ ਹੋ ਰਹੇ	Thoon Aapae Sohehi Aapae Jag Mohehi ||	You Yourself are Beautiful, and You Yourself entice the world.	ਹੇ ਕਰਤਾਰ! ਤੂੰ ਆਪ ਹੀ (ਜਗਤ ਰਚ ਕੇ ਜਗਤ-ਰਚਨਾ ਦੀ ਰਾਹੀਂ ਆਪਣੀ) ਸੁੰਦਰਤਾ ਵਿਖਾ ਰਿਹਾ ਹੈਂ, ਤੇ (ਉਸ ਸੁੰਦਰਤਾ ਨਾਲ) ਤੂੰ ਆਪ ਹੀ ਜਗਤ ਨੂੰ ਮੋਹਿਤ ਕਰਦਾ ਹੈਂ।
5118	125	ਤੂੰ ਆਪੇ ਨਦਰੀ ਜਗਤੁ ਪਰੋਵਹਿ॥	ਜੱਗ-ਤੁ	Thoon Aapae Nadharee Jagath Parovehi ||	You Yourself, by Your Kind Mercy, weave the thread of the world.	ਤੂੰ ਆਪ ਹੀ ਆਪਣੀ ਮਿਹਰ ਦੀ ਨਿਗਾਹ ਨਾਲ ਜਗਤ ਨੂੰ (ਆਪਣੀ ਕਾਇਮ ਕੀਤੀ ਮਰਯਾਦਾ ਦੇ ਧਾਗੇ ਵਿਚ) ਪ੍ਰੋਈ ਰੱਖਦਾ ਹੈਂ।

5119	125	ਤੂੰ ਆਪੇ ਦੁਖੁ ਸੁਖੁ ਦੇਵਹਿ ਕਰਤੇ ਗੁਰਮੁਖਿ ਹਰਿ ਦੇਖਾਵਣਿਆ॥੨॥		Thoon Aapae Dhukh Sukh Dhaevehi Karathae Guramukh Har Dhaekhaavaniaa ||2||	You Yourself bestow pain and pleasure, O Creator. The Lord reveals Himself to the Gurmukh. ||2||	ਹੇ ਕਰਤਾਰ! ਤੂੰ ਆਪ ਹੀ ਜੀਵਾਂ ਨੂੰ ਦੁਖ ਦੇਂਦਾ ਹੈਂ ਆਪ ਹੀ ਜੀਵਾਂ ਨੂੰ ਸੁਖ ਦੇਂਦਾ ਹੈਂ, ਹੇ ਹਰੀ! ਗੁਰੂ ਦੀ ਸਰਨ ਪੈਣ ਵਾਲੇ ਬੰਦੇ (ਹਰ ਥਾਂ) ਤੇਰਾ ਦਰਸਨ ਕਰਦੇ ਹਨ ॥੨॥
5120	125	ਆਪੇ ਕਰਤਾ ਕਰੇ ਕਰਾਏ॥		Aapae Karathaa Karae Karaaeae ||	The Creator Himself acts, and causes others to act.	(ਹੇ ਭਾਈ! ਸਾਰੇ ਜੀਵਾਂ ਵਿਚ ਵਿਆਪਕ ਹੋ ਕੇ) ਕਰਤਾਰ ਆਪ ਹੀ ਸਭ ਕੁਝ ਕਰ ਰਿਹਾ ਹੈ ਤੇ (ਜੀਵਾਂ ਪਾਸੋਂ) ਕਰਾ ਰਿਹਾ ਹੈ।
5121	125	ਆਪੇ ਸਬਦੁ ਗੁਰ ਮੰਨਿ ਵਸਾਏ॥		Aapae Sabadh Gur Mann Vasaaeae ||	Through Him, the Word of the Guru's Shabad is enshrined within the mind.	ਕਰਤਾਰ ਆਪ ਹੀ ਗੁਰੂ ਦਾ ਸ਼ਬਦ (ਜੀਵਾਂ ਦੇ) ਮਨ ਵਿਚ ਵਸਾਂਦਾ ਹੈ।
5122	125	ਸਬਦੇ ਉਪਜੈ ਅੰਮ੍ਰਿਤ ਬਾਣੀ ਗੁਰਮੁਖਿ ਆਖਿ ਸੁਣਾਵਣਿਆ॥੩॥		Sabadhae Oupajai Anmrith Baanee Guramukh Aakh Sunaavaniaa ||3||	The Ambrosial Word of the Guru's Bani emanates from the Word of the Shabad. The Gurmukh speaks it and hears it. ||3||	ਗੁਰੂ ਦੇ ਸ਼ਬਦ ਦੀ ਰਾਹੀਂ ਹੀ ਆਤਮਕ ਜੀਵਨ ਦੇਣ ਵਾਲੀ ਸਿਫ਼ਤ-ਸਾਲਾਹ ਦੀ ਬਾਣੀ (ਦੀ ਲਗਨ ਜੀਵਾਂ ਦੇ ਹਿਰਦੇ ਵਿਚ) ਪੈਦਾ ਹੁੰਦੀ ਹੈ। ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਸਿਫ਼ਤ-ਸਾਲਾਹ ਦੀ ਬਾਣੀ) ਉਚਾਰ ਕੇ (ਹੋਰਨਾਂ ਨੂੰ ਭੀ) ਸੁਣਾਂਦਾ ਹੈ ॥੩॥

5123	125	ਆਪੇ ਕਰਤਾ ਆਪੇ ਭੁਗਤਾ॥	(ਭੁਗਤਾ) ਬ੍ਰਹਮਾਨੰਦ ਰਸ ਭੋਗਣ ਵਾਲੇ	Aapae Karathaa Aapae Bhugathaa ||	He Himself is the Creator, and He Himself is the Enjoyer.	ਕਰਤਾਰ ਆਪ ਹੀ ਸਭ ਜੀਵਾਂ ਦਾ ਪੈਦਾ ਕਰਨ ਵਾਲਾ ਹੈ (ਸਭ ਜੀਵਾਂ ਵਿਚ ਵਿਆਪਕ ਹੋ ਕੇ) ਆਪ ਹੀ ਦੁਨੀਆ ਦੇ ਪਦਾਰਥ ਭੋਗਣ ਵਾਲਾ ਹੈ।
5124	125	ਬੰਧਨ ਤੋੜੇ ਸਦਾ ਹੈ ਮੁਕਤਾ॥		Bandhhan Thorrae Sadhaa Hai Mukathaa ||	One who breaks out of bondage is liberated forever.	ਕਰਤਾਰ ਆਪ ਹੀ (ਸਾਰੇ ਜੀਵਾਂ ਦੇ ਮਾਇਆ ਦੇ ਮੋਹ ਦੇ) ਬੰਧਨ ਤੋੜਦਾ ਹੈ, ਉਹ ਆਪ ਸਦਾ ਹੀ ਬੰਧਨਾਂ ਤੋਂ ਸੁਤੰਤਰ ਹੈ।
5125	125	ਸਦਾ ਮੁਕਤੁ ਆਪੇ ਹੈ ਸਚਾ ਆਪੇ ਅਲਖੁ ਲਖਾਵਣਿਆ॥੪॥	ਅ-ਲਖ: ਪੋਲਾ ਬੋਲੋ	Sadhaa Mukath Aapae Hai Sachaa Aapae Alakh Lakhaavaniaa ||4||	The True Lord is liberated forever. The Unseen Lord causes Himself to be seen. ||4||	ਸਦਾ-ਥਿਰ ਰਹਿਣ ਵਾਲਾ ਕਰਤਾਰ ਆਪ ਸਦਾ ਹੀ ਨਿਰਲੇਪ ਹੈ, ਆਪ ਹੀ ਅਦ੍ਰਿਸ਼ਟ (ਭੀ) ਹੈ, ਤੇ ਆਪ ਹੀ ਆਪਣਾ ਸਰੂਪ (ਜੀਵਾਂ ਨੂੰ) ਵਿਖਾਲਣ ਵਾਲਾ ਹੈ ॥੪॥
5126	125	ਆਪੇ ਮਾਇਆ ਆਪੇ ਛਾਇਆ॥		Aapae Maaeiaa Aapae Shhaaeiaa ||	He Himself is Maya, and He Himself is the Illusion.	(ਹੇ ਭਾਈ!) ਕਰਤਾਰ ਨੇ ਆਪ ਹੀ ਮਾਇਆ ਪੈਦਾ ਕੀਤੀ ਹੈ, ਉਸ ਨੇ ਆਪ ਹੀ ਮਾਇਆ ਦਾ ਪ੍ਰਭਾਵ ਪੈਦਾ ਕੀਤਾ ਹੈ।
5127	125	ਆਪੇ ਮੋਹੁ ਸਭੁ ਜਗਤੁ ਉਪਾਇਆ॥	ਜੱਗ-ਤੁ	Aapae Mohu Sabh Jagath Oupaaeiaa ||	He Himself has generated emotional attachment throughout the entire universe.	ਕਰਤਾਰ ਨੇ ਆਪ ਹੀ ਮਾਇਆ ਦਾ ਮੋਹ ਪੈਦਾ ਕੀਤਾ ਹੈ ਤੇ ਆਪ ਹੀ ਸਾਰਾ ਜਗਤ ਪੈਦਾ ਕੀਤਾ ਹੈ।

5128	125	ਆਪੇ ਗੁਣਦਾਤਾ ਗੁਣ ਗਾਵੈ ਆਪੇ ਆਖਿ ਸੁਣਾਵਣਿਆ॥੫॥		Aapae Gunadhaathaa Gun Gaavai Aapae Aakh Sunaavaniaa ||5||	He Himself is the Giver of Virtue; He Himself sings the Lord's Glorious Praises. He chants them and causes them to be heard. ||5||	ਕਰਤਾਰ ਆਪ ਹੀ ਆਪਣੇ ਗੁਣਾਂ ਦੀ ਦਾਤ (ਜੀਵਾਂ ਨੂੰ) ਦੇਣ ਵਾਲਾ ਹੈ, ਆਪ ਹੀ (ਆਪਣੇ) ਗੁਣ (ਜੀਵਾਂ ਵਿਚ ਵਿਆਪਕ ਹੋ ਕੇ) ਗਾਂਦਾ ਹੈ, ਆਪ ਹੀ (ਆਪਣੇ ਗੁਣ) ਉਚਾਰ ਕੇ (ਹੋਰਨਾਂ ਨੂੰ) ਸੁਣਾਂਦਾ ਹੈ ॥੫॥
5129	125	ਆਪੇ ਕਰੇ ਕਰਾਏ ਆਪੇ॥		Aapae Karae Karaaeae Aapae ||	He Himself acts, and causes others to act.	(ਹੇ ਭਾਈ! ਸਭ ਜੀਵਾਂ ਵਿਚ ਵਿਆਪਕ ਹੋ ਕੇ) ਕਰਤਾਰ ਆਪ ਹੀ ਸਭ ਕੁਝ ਕਰ ਰਿਹਾ ਹੈ ਤੇ ਆਪ ਹੀ (ਜੀਵਾਂ ਪਾਸੋਂ) ਕਰਾ ਰਿਹਾ ਹੈ।
5130	125	ਆਪੇ ਥਾਪਿ ਉਥਾਪੇ ਆਪੇ॥	(ਉਥਾਪੇ) ਪਰਲੋ ਕਰਨ	Aapae Thhaap Outhhaapae Aapae ||	He Himself establishes and disestablishes.	ਕਰਤਾਰ ਆਪ ਹੀ ਜਗਤ ਦੀ ਰਚਨਾ ਕਰਕੇ ਆਪ ਹੀ (ਜਗਤ ਦਾ) ਨਾਸ ਕਰਦਾ ਹੈ।
5131	125	ਤੁਝ ਤੇ ਬਾਹਰਿ ਕਛੂ ਨ ਹੋਵੈ ਤੂੰ ਆਪੇ ਕਾਰੈ ਲਾਵਣਿਆ॥੬॥		Thujh Thae Baahar Kashhoo N Hovai Thoon Aapae Kaarai Laavaniaa ||6||	Without You, nothing can be done. You Yourself have engaged all in their tasks. ||6||	(ਹੇ ਪ੍ਰਭੂ! ਜੋ ਕੁਝ ਜਗਤ ਵਿਚ ਹੋ ਰਿਹਾ ਹੈ) ਤੇਰੇ ਹੁਕਮ ਤੋਂ ਬਾਹਰ ਕੁਝ ਨਹੀਂ ਹੁੰਦਾ, ਤੂੰ ਆਪ ਹੀ (ਸਭ ਜੀਵਾਂ ਨੂੰ) ਕਾਰ ਵਿਚ ਲਾ ਰਿਹਾ ਹੈਂ ॥੬॥
5132	125	ਆਪੇ ਮਾਰੇ ਆਪਿ ਜੀਵਾਏ॥		Aapae Maarae Aap Jeevaaeae ||	He Himself kills, and He Himself revives.	(ਹੇ ਭਾਈ!) ਪਰਮਾਤਮਾ ਆਪ ਹੀ (ਕਿਸੇ ਜੀਵ ਨੂੰ) ਆਤਮਕ ਮੌਤ ਦੇ ਰਿਹਾ ਹੈ (ਕਿਸੇ ਨੂੰ) ਆਤਮਕ ਜੀਵਨ ਬਖ਼ਸ਼ ਰਿਹਾ ਹੈ।

5133	125	ਆਪੇ ਮੇਲੇ ਮੇਲਿ ਮਿਲਾਏ॥		Aapae Maelae Mael Milaaeae ||	He Himself unites us, and unites us in Union with Himself.	ਪ੍ਰਭੂ ਆਪ ਹੀ (ਜੀਵਾਂ ਨੂੰ ਗੁਰੂ) ਮਿਲਾਂਦਾ ਹੈ ਤੇ (ਗੁਰੂ) ਮਿਲਾ ਕੇ ਆਪਣੇ ਚਰਨਾਂ ਵਿਚ ਜੋੜਦਾ ਹੈ।
5134	125	ਸੇਵਾ ਤੇ ਸਦਾ ਸੁਖੁ ਪਾਇਆ ਗੁਰਮੁਖਿ ਸਹਜਿ ਸਮਾਵਣਿਆ॥੭॥		Sayvaa Tay Sadaa Sukh Paa-i-aa Gurmukh Sahj Samaavani-aa. ||7||	Through selfless service, eternal peace is obtained. The Gurmukh is absorbed in intuitive peace. ||7||	(ਗੁਰੂ ਦੀ ਦੱਸੀ) ਸੇਵਾ ਕਰਨ ਵਾਲੇ ਨੇ ਸਦਾ ਆਤਮਕ ਅਨੰਦ ਮਾਣਿਆ ਹੈ, ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ॥੭॥
5135	126	ਆਪੇ ਊਚਾ ਊਚੋ ਹੋਈ॥		Aapae Oochaa Oocho Hoee ||	He Himself is the Highest of the High.	(ਹੇ ਭਾਈ! ਪਰਮਾਤਮਾ ਆਪਣੀ ਸਮਰੱਥਾ ਨਾਲ) ਆਪ ਹੀ ਮਾਇਆ ਦੇ ਪ੍ਰਭਾਵ ਤੋਂ) ਬਹੁਤ ਹੀ ਉੱਚਾ ਹੈ।
5136	126	ਜਿਸੁ ਆਪਿ ਵਿਖਾਲੇ ਸੁ ਵੇਖੈ ਕੋਈ॥		Jis Aap Vikhaalae S Vaekhai Koee ||	How rare are those who behold Him. He causes Himself to be seen.	ਜਿਸ ਕਿਸੇ (ਵਡ-ਭਾਗੀ ਮਨੁੱਖ) ਨੂੰ (ਆਪਣੀ ਇਹ ਸਮਰੱਥਾ) ਪਰਮਾਤਮਾ ਆਪ ਵਿਖਾਲਦਾ ਹੈ ਉਹ ਵੇਖ ਲੈਂਦਾ ਹੈ (ਕਿ ਪ੍ਰਭੂ ਬੜੀਆਂ ਤਾਕਤਾਂ ਵਾਲਾ ਹੈ)।
5137	126	ਨਾਨਕ ਨਾਮੁ ਵਸੈ ਘਟ ਅੰਤਰਿ ਆਪੇ ਵੇਖਿ ਵਿਖਾਲਣਿਆ॥੮॥੨੬॥੨੭॥		Naanak Naam Vasai Ghatt Anthar Aapae Vaekh Vikhaalaniaa ||8||26||27||	O Nanak, the Naam, the Name of the Lord, abides deep within the hearts of those who see the Lord themselves, and inspire others to see Him as well. ||8||26||27||	ਹੇ ਨਾਨਕ! (ਪਰਮਾਤਮਾ ਦੀ ਆਪਣੀ ਹੀ ਮਿਹਰ ਨਾਲ ਕਿਸੇ ਵਡਭਾਗੀ ਮਨੁੱਖ ਦੇ) ਹਿਰਦੇ ਵਿਚ ਉਸ ਦਾ ਨਾਮ ਵੱਸਦਾ ਹੈ (ਉਸ ਮਨੁੱਖ ਵਿਚ ਪਰਗਟ ਹੋ ਕੇ ਪ੍ਰਭੂ ਆਪ ਹੀ ਆਪਣੇ ਸਰੂਪ ਦਾ) ਦਰਸਨ ਕਰ ਕੇ (ਹੋਰਨਾਂ ਨੂੰ) ਦਰਸਨ ਕਰਾਂਦਾ ਹੈ ॥੮॥੨੬॥੨੭॥

5138	126	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
5139	126	ਮੇਰਾ ਪ੍ਰਭੁ ਭਰਪੂਰਿ ਰਹਿਆ ਸਭ ਥਾਈ॥	ਥਾਂਈਂ	Maeraa Prabh Bharapoor Rehiaa Sabh Thhaaee ||	My God is pervading and permeating all places.	(ਹੇ ਭਾਈ!) ਮੇਰਾ ਪ੍ਰਭੂ ਸਭ ਥਾਵਾਂ ਵਿਚ ਪੂਰਨ ਤੌਰ ਤੇ ਮੌਜੂਦ ਹੈ।
5140	126	ਗੁਰ ਪਰਸਾਦੀ ਘਰ ਹੀ ਮਹਿ ਪਾਈ॥		Gur Parasaadhee Ghar Hee Mehi Paaee ||	By Guru's Grace, I have found Him within the home of my own heart.	ਗੁਰੂ ਦੀ ਕਿਰਪਾ ਨਾਲ ਮੈਂ ਉਸ ਨੂੰ ਆਪਣੇ ਹਿਰਦੇ-ਘਰ ਵਿਚ ਹੀ ਲੱਭ ਲਿਆ ਹੈ।
5141	126	ਸਦਾ ਸਰੇਵੀ ਇਕ ਮਨਿ ਧਿਆਈ ਗੁਰਮੁਖਿ ਸਚਿ ਸਮਾਵਣਿਆ॥੧॥	(ਸਰੇਵੀ) ਸੇਵਾ ਕਰਦਾ	Sadhaa Saraevee Eik Man Dhhiaaee Guramukh Sach Samaavaniaa ||1||	I serve Him constantly, and I meditate on Him single-mindedly. As Gurmukh, I am absorbed in the True One. ||1||	ਮੈਂ ਹੁਣ ਸਦਾ ਉਸ ਨੂੰ ਸਿਮਰਦਾ ਹਾਂ, ਸਦਾ ਇਕਾਗਰ ਮਨ ਹੋ ਕੇ ਉਸਦਾ ਧਿਆਨ ਧਰਦਾ ਹਾਂ। ਜੇਹੜਾ ਭੀ ਮਨੁੱਖ ਗੁਰੂ ਦਾ ਆਸਰਾ-ਪਰਨਾ ਲੈਂਦਾ ਹੈ, ਉਹ ਸਦਾ-ਥਿਰ ਪਰਮਾਤਮਾ ਵਿਚ ਲੀਨ ਰਹਿੰਦਾ ਹੈ ॥੧॥
5142	126	ਹਉ ਵਾਰੀ ਜੀਉ ਵਾਰੀ ਜਗਜੀਵਨੁ ਮੰਨਿ ਵਸਾਵਣਿਆ॥	ਜੱਗਜੀਵਨੁ	Ho Vaaree Jeeo Vaaree Jagajeevan Mann Vasaavaniaa ||	I am a sacrifice, my soul is a sacrifice, to those who enshrine the Lord, the Life of the World, within their minds.	(ਹੇ ਭਾਈ!) ਮੈਂ ਉਹਨਾਂ ਬੰਦਿਆਂ ਤੋਂ ਸਦਾ ਕੁਰਬਾਨ ਜਾਂਦਾ ਹਾਂ ਜੇਹੜੇ ਜਗਤ ਦੀ ਜ਼ਿੰਦਗੀ ਦੇ ਆਸਰੇ ਪਰਮਾਤਮਾ ਨੂੰ ਆਪਣੇ ਮਨ ਵਿਚ ਵਸਾਂਦੇ ਹਨ।

5143	126	ਹਰਿ ਜਗਜੀਵਨੁ ਨਿਰਭਉ ਦਾਤਾ ਗੁਰਮਤਿ ਸਹਜਿ ਸਮਾਵਣਿਆ॥੧॥ਰਹਾਉ॥		Har Jagajeevan Nirabho Dhaathaa Guramath Sehaj Samaavaniaa ||1|| Rehaao ||	Through the Guru's Teachings, I merge with intuitive ease into the Lord, the Life of the World, the Fearless One, the Great Giver. ||1||Pause||	ਪਰਮਾਤਮਾ ਜਗਤ ਨੂੰ ਜ਼ਿੰਦਗੀ ਦੇਣ ਵਾਲਾ ਹੈ, ਕਿਸੇ ਦਾ ਉਸ ਨੂੰ ਡਰ ਨਹੀਂ, ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ। ਜੇਹੜਾ ਮਨੁੱਖ ਦੀ ਮਤਿ ਲੈ ਕੇ ਉਸ ਨੂੰ ਮਨ ਆਪਣੇ ਵਿਚ ਵਸਾਂਦਾ ਹੈ ਉਹ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ॥੧॥ ਰਹਾਉ ॥
5144	126	ਘਰ ਮਹਿ ਧਰਤੀ ਧਉਲੁ ਪਾਤਾਲਾ॥	ਧਰਤੀ ਦੇ ਧਰਮ ਰੂਪੀ (ਧਉਲੁ) ਆਸਰੇ ਦੇ ਆਸਰਾ ਵਾਹਿਗੁਰੂ ਜੀ, (ਪਾਤਾਲਾ) ਹੋਰ ਲੋਕਾਂ ਦੇ ਆਸਰੇ ਦੇ ਆਸਰੇ ਵਾਹਿਗੁਰੂ ਜੀ ਹਿਰਦੇ ਰੂਪੀ ਘਰ (ਮਹਿ) ਵਿੱਚ ਹੀ ਹਨ। ਬੁੱਧ ਰੂਪੀ ਧਰਤੀ, ਧਰਮ ਰੂਪੀ ਧਉਲ, ਨਿੰਮ੍ਰਤਾ ਰੂਪੀ ਪਾਤਾਲਾ, ਸਰੀਰ ਰੂਪੀ ਘਰ ਚ ਹੀ ਹੈ	Ghar Mehi Dhharathee Dhhoul Paathaalaa ||	Within the home of the self is the earth, its support and the nether regions of the underworld.	ਜੇਹੜਾ ਪਰਮਾਤਮਾ ਧਰਤੀ ਤੇ ਪਾਤਾਲ ਦਾ ਆਸਰਾ ਹੈ, ਉਹ ਮਨੁੱਖ ਦੇ ਹਿਰਦੇ ਵਿਚ (ਭੀ) ਵੱਸਦਾ ਹੈ।
5145	126	ਘਰ ਹੀ ਮਹਿ ਪ੍ਰੀਤਮੁ ਸਦਾ ਹੈ ਬਾਲਾ॥	(ਬੱਾਲਾ) ਵੱਡੇ, ਬੁਢਾਪੇ ਰਹਿਤ	Ghar Hee Mehi Preetham Sadhaa Hai Baalaa ||	Within the home of the self is the Eternally Young Beloved.	ਉਹ ਪ੍ਰੀਤਮ ਪ੍ਰਭੂ ਸਦਾ ਜਵਾਨ ਰਹਿਣ ਵਾਲਾ ਹੈ ਉਹ ਹਰੇਕ ਹਿਰਦੇ ਵਿਚ ਹੀ ਵੱਸਦਾ ਹੈ।

5146	126	ਸਦਾ ਅਨੰਦਿ ਰਹੈ ਸੁਖਦਾਤਾ ਗੁਰਮਤਿ ਸਹਜਿ ਸਮਾਵਣਿਆ॥੨॥		Sadhaa Anandh Rehai Sukhadhaathaa Guramath Sehaj Samaavaniaa ||2||	The Giver of peace is eternally blissful. Through the Guru's Teachings, we are absorbed in intuitive peace. ||2||	ਜੇਹੜਾ ਮਨੁੱਖ ਗੁਰੂ ਦੀ ਮਤਿ ਲੈ ਕੇ ਉਸ ਸੁਖਦਾਤੇ ਪ੍ਰਭੂ ਨੂੰ ਸਿਮਰਦਾ ਹੈ, ਉਹ ਸਦਾ ਆਤਮਕ ਆਨੰਦ ਵਿਚ ਰਹਿੰਦਾ ਹੈ, ਉਹ ਆਤਮਕ ਅਡੋਲਤਾ ਵਿਚ ਸਮਾਇਆ ਰਹਿੰਦਾ ਹੈ ॥੨॥
5147	126	ਕਾਇਆ ਅੰਦਰਿ ਹਉਮੈ ਮੇਰਾ॥	(ਕਾਇਆ) ਸਰੀਰ	Kaaeiaa Andhar Houmai Maeraa ||	When the body is filled with ego and selfishness,	ਪਰ ਜਿਸ ਮਨੁੱਖ ਦੇ ਸਰੀਰ ਵਿਚ ਹਉਮੈ ਪ੍ਰਬਲ ਹੈ ਮਮਤਾ ਪ੍ਰਬਲ ਹੈ,
5148	126	ਜੰਮਣ ਮਰਣੁ ਨ ਚੂਕੈ ਫੇਰਾ॥		Janman Maran N Chookai Faeraa ||	The cycle of birth and death does not end.	ਉਸ ਮਨੁੱਖ ਦਾ ਜਨਮ ਮਰਨ-ਰੂਪ ਗੇੜ ਨਹੀਂ ਮੁੱਕਦਾ।
5149	126	ਗੁਰਮੁਖਿ ਹੋਵੈ ਸੁ ਹਉਮੈ ਮਾਰੇ ਸਚੋ ਸਚੁ ਧਿਆਵਣਿਆ॥੩॥		Guramukh Hovai S Houmai Maarae Sacho Sach Dhhiaavaniaa ||3||	One who becomes Gurmukh subdues egotism, and meditates on the Truest of the True. ||3||	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹ (ਆਪਣੇ ਅੰਦਰੋਂ) ਹਉਮੈ ਮਾਰ ਲੈਂਦਾ ਹੈ, ਤੇ ਉਹ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਹੀ ਸਿਮਰਦਾ ਹੈ ॥੩॥
5150	126	ਕਾਇਆ ਅੰਦਰਿ ਪਾਪੁ ਪੁੰਨੁ ਦੁਇ ਭਾਈ॥		Kaaeiaa Andhar Paap Punn Dhue Bhaaee ||	Within this body are the two brothers, sin and virtue.	(ਹਉਮੈ ਦੇ ਪ੍ਰਭਾਵ ਹੇਠ ਰਹਿਣ ਵਾਲੇ ਮਨੁੱਖ ਦੇ) ਸਰੀਰ ਵਿਚ (ਹਉਮੈ ਤੋਂ ਪੈਦਾ ਹੋਏ ਹੋਏ) ਦੋਵੇਂ ਭਰਾ ਪਾਪ ਤੇ ਪੁੰਨ ਵੱਸਦੇ ਹਨ।
5151	126	ਦੁਹੀ ਮਿਲਿ ਕੈ ਸ੍ਰਿਸਟਿ ਉਪਾਈ॥		Dhuhee Mil Kai Srisatt Oupaaee ||	When the two joined together, the Universe was produced.	ਇਹਨਾਂ ਦੋਹਾਂ ਨੇ ਹੀ ਮਿਲ ਕੇ ਜਗਤ-ਰਚਨਾ ਕੀਤੀ ਹੈ।

5152	126	ਦੋਵੈ ਮਾਰਿ ਜਾਇ ਇਕਤੁ ਘਰਿ ਆਵੈ ਗੁਰਮਤਿ ਸਹਜਿ ਸਮਾਵਣਿਆ॥੪॥		Dhovai Maar Jaae Eikath Ghar Aavai Guramath Sehaj Samaavaniaa ||4||	Subduing both, and entering into the Home of the One, through the Guru's Teachings, we are absorbed in intuitive peace. ||4||	ਜੇਹੜਾ ਮਨੁੱਖ ਗੁਰੂ ਦੀ ਮਤਿ ਲੈ ਕੇ ਇਹਨਾਂ ਦੋਹਾਂ (ਦੇ ਪ੍ਰਭਾਵ) ਨੂੰ ਮਾਰਦਾ ਹੈ, ਉਹ ਇਕੋ ਘਰ ਵਿਚ (ਪ੍ਰਭੂ-ਚਰਨਾਂ ਵਿਚ ਹੀ) ਟਿਕ ਜਾਂਦਾ ਹੈ, ਉਹ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ॥੪॥
5153	126	ਘਰ ਹੀ ਮਾਹਿ ਦੂਜੈ ਭਾਇ ਅਨੇਰਾ॥	ਅਨ੍ਹੇਰਾ	Ghar Hee Maahi Dhoojai Bhaae Anaeraa ||	Within the home of the self is the darkness of the love of duality.	ਪਰਮਾਤਮਾ ਮਨੁੱਖ ਦੇ ਹਿਰਦੇ-ਘਰ ਵਿਚ ਹੀ ਵੱਸਦਾ ਹੈ, ਪਰ ਮਾਇਆ ਦੇ ਪਿਆਰ ਦੇ ਕਾਰਨ ਮਨੁੱਖ ਦੇ ਅੰਦਰ ਅਗਿਆਨਤਾ ਦਾ ਹਨੇਰਾ ਪਿਆ ਰਹਿੰਦਾ ਹੈ।
5154	126	ਚਾਨਣੁ ਹੋਵੈ ਛੋਡੈ ਹਉਮੈ ਮੇਰਾ॥		Chaanan Hovai Shhoddai Houmai Maeraa ||	When the Divine Light dawns, ego and selfishness are dispelled.	ਜਦੋਂ ਮਨੁੱਖ ਗੁਰੂ ਦੀ ਸਰਨ ਲੈ ਕੇ (ਆਪਣੇ ਅੰਦਰੋਂ) ਹਉਮੈ ਤੇ ਮਮਤਾ ਦੂਰ ਕਰਦਾ ਹੈ, ਤਦੋਂ (ਇਸ ਦੇ ਅੰਦਰ ਪਰਮਾਤਮਾ ਦੀ ਜੋਤਿ ਦਾ ਆਤਮਕ) ਚਾਨਣ ਹੋ ਜਾਂਦਾ ਹੈ।
5155	126	ਪਰਗਟੁ ਸਬਦੁ ਹੈ ਸੁਖਦਾਤਾ ਅਨ ਦਿਨੁ ਨਾਮੁ ਧਿਆਵਣਿਆ॥੫॥		Paragatt Sabadh Hai Sukhadhaathaa Anadhin Naam Dhhiaavaniaa ||5||	The Giver of peace is revealed through the Shabad, meditating upon the Naam, night and day. ||5||	ਆਤਮਕ ਆਨੰਦ ਦੇਣ ਵਾਲੀ ਪਰਮਾਤਮਾ ਦੀ ਸਿਫ਼ਤ-ਸਾਲਾਹ (ਇਸ ਦੇ ਅੰਦਰ) ਉੱਘੜ ਪੈਂਦੀ ਹੈ, ਤੇ ਇਹ ਹਰ ਵੇਲੇ ਪ੍ਰਭੂ ਦਾ ਨਾਮ ਸਿਮਰਦਾ ਹੈ ॥੫॥

5156	126	ਅੰਤਰਿ ਜੋਤਿ ਪਰਗਟੁ ਪਾਸਾਰਾ॥		Anthar Joth Paragatt Paasaaraa ||	Deep within the self is the Light of God; It radiates throughout the expanse of His creation.	ਜਿਸ ਪ੍ਰਭੂ ਜੋਤਿ ਨੇ ਸਾਰਾ ਜਗਤ-ਪਸਾਰਾ ਪਸਾਰਿਆ ਹੈ, ਉਹ ਜਿਸ ਮਨੁੱਖ ਦੇ ਅੰਦਰ ਪਰਗਟ ਹੋ ਜਾਂਦੀ ਹੈ।
5157	126	ਗੁਰ ਸਾਖੀ ਮਿਟਿਆ ਅੰਧਿਆਰਾ॥		Gur Saakhee Mittiaa Andhhiaaraa ||	Through the Guru's Teachings, the darkness of spiritual ignorance is dispelled.	ਗੁਰੂ ਦੀ ਸਿਖਿਆ ਦੀ ਰਾਹੀਂ ਉਸ ਦੇ ਅੰਦਰੋਂ ਅਗਿਆਨਤਾ ਦਾ ਹਨੇਰਾ ਮਿਟ ਜਾਂਦਾ ਹੈ।
5158	126	ਕਮਲੁ ਬਿਗਾਸਿ ਸਦਾ ਸੁਖੁ ਪਾਇਆ ਜੋਤੀ ਜੋਤਿ ਮਿਲਾਵਣਿਆ॥੬॥		Kamal Bigaas Sadhaa Sukh Paaeiaa Jothee Joth Milaavaniaa ||6||	The heart-lotus blossoms forth, and eternal peace is obtained, as one's light merges into the Light. ||6||	ਉਸ ਦਾ ਹਿਰਦਾ-ਕਮਲਫੁੱਲ ਖਿੜ ਪੈਂਦਾ ਹੈ, ਉਹ ਸਦਾ ਆਤਮਕ ਆਨੰਦ ਮਾਣਦਾ ਹੈ, ਉਸ ਦੀ ਸੁਰਤ ਪ੍ਰਭੂ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ ॥੬॥
5159	126	ਅੰਦਰਿ ਮਹਲ ਰਤਨੀ ਭਰੇ ਭੰਡਾਰਾ॥	(ਮਹਲ) ਸਰੀਰ	Andhar Mehal Rathanee Bharae Bhanddaaraa ||	Within the mansion is the treasure house, overflowing with jewels.	ਮਨੁੱਖ ਦੇ ਸਰੀਰ ਵਿਚ (ਪਰਮਾਤਮਾ ਦੇ ਗੁਣ-ਰੂਪ) ਰਤਨਾਂ ਦੇ ਖ਼ਜ਼ਾਨੇ ਭਰੇ ਪਏ ਹਨ।
5160	126	ਗੁਰਮੁਖਿ ਪਾਏ ਨਾਮੁ ਅਪਾਰਾ॥		Guramukh Paaeae Naam Apaaraa ||	The Gurmukh obtains the Infinite Naam, the Name of the Lord.	(ਪਰ ਇਹ ਉਸ ਮਨੁੱਖ ਨੂੰ ਲੱਭਦੇ ਹਨ) ਜੇਹੜਾ ਗੁਰੂ ਦੀ ਸਰਨ ਪੈ ਕੇ ਬੇਅੰਤ ਪ੍ਰਭੂ ਦਾ ਨਾਮ ਪ੍ਰਾਪਤ ਕਰਦਾ ਹੈ।

5161	126	ਗੁਰਮੁਖਿ ਵਣਜੇ ਸਦਾ ਵਾਪਾਰੀ ਲਾਹਾ ਨਾਮੁ ਸਦ ਪਾਵਣਿਆ॥੭॥	(ਵਣਜੇ) ਵਪਾਰ ਕਰੇ	Guramukh Vanajae Sadhaa Vaapaaree Laahaa Naam Sadh Paavaniaa ||7||	The Gurmukh, the trader, always purchases the merchandise of the Naam, and always reaps profits. ||7||	ਗੁਰੂ ਦੀ ਸਰਨ ਪੈਣ ਵਾਲਾ ਮਨੁੱਖ (ਪ੍ਰਭੂ-ਨਾਮ ਦਾ) ਵਪਾਰੀ (ਬਣ ਕੇ ਆਤਮਕ ਗੁਣਾਂ ਦੇ ਰਤਨਾਂ ਦਾ) ਵਪਾਰ ਕਰਦਾ ਹੈ, ਤੇ ਸਦਾ ਪ੍ਰਭੂ-ਨਾਮ ਦੀ ਖੱਟੀ ਖੱਟਦਾ ਹੈ ॥੭॥
5162	126	ਆਪੇ ਵਥੁ ਰਾਖੈ ਆਪੇ ਦੇਇ॥	ਵੱਥੁ	Aapae Vathh Raakhai Aapae Dhaee ||	The Lord Himself keeps this merchandise in stock, and He Himself distributes it.	(ਪਰ ਜੀਵਾਂ ਦੇ ਵੱਸ ਦੀ ਗੱਲ ਨਹੀਂ) ਪਰਮਾਤਮਾ ਆਪ ਹੀ ਜੀਵਾਂ ਦੇ ਅੰਦਰ ਆਪਣਾ ਨਾਮ-ਪਦਾਰਥ ਟਿਕਾਂਦਾ ਹੈ, ਪਰਮਾਤਮਾ ਆਪ ਹੀ (ਇਹ ਦਾਤਿ) ਜੀਵਾਂ ਨੂੰ ਦੇਂਦਾ ਹੈ।
5163	126	ਗੁਰਮੁਖਿ ਵਣਜਹਿ ਕੇਈ ਕੇਇ॥		Guramukh Vanajehi Kaeee Kaee ||	Rare is that Gurmukh who trades in this.	ਗੁਰੂ ਦੀ ਸਰਨ ਪੈ ਕੇ ਅਨੇਕਾਂ (ਵਡ-ਭਾਗੀ) ਮਨੁੱਖ ਨਾਮ-ਵੱਖਰ ਦਾ ਸੌਦਾ ਕਰਦੇ ਹਨ।
5164	126	ਨਾਨਕ ਜਿਸੁ ਨਦਰਿ ਕਰੇ ਸੋ ਪਾਏ ਕਰਿ ਕਿਰਪਾ ਮੰਨਿ ਵਸਾਵਣਿਆ॥੮॥੨੭॥੨੮॥		Naanak Jis Nadhar Karae So Paaeae Kar Kirapaa Mann Vasaavaniaa ||8||27||28||	O Nanak, those upon whom the Lord casts His Glance of Grace, obtain it. Through His Mercy, it is enshrined in the mind. ||8||27||28||	ਹੇ ਨਾਨਕ! ਜਿਸ ਮਨੁੱਖ ਉੱਤੇ ਪ੍ਰਭੂ ਮਿਹਰ ਦੀ ਨਜ਼ਰ ਕਰਦਾ ਹੈ, ਉਹ ਪ੍ਰਭੂ-ਨਾਮ ਪ੍ਰਾਪਤ ਕਰਦਾ ਹੈ, ਪ੍ਰਭੂ ਆਪਣੀ ਕਿਰਪਾ ਕਰ ਕੇ ਆਪਣਾ ਨਾਮ ਉਸਦੇ ਮਨ ਵਿਚ ਵਸਾਂਦਾ ਹੈ ॥੮॥੨੭॥੨੮॥
5165	126	ਮਾਝ ਮਹਲਾ ੩॥		Maajh Mehalaa 3 ||	Maajh, Third Mehl:	

5166	126	ਹਰਿ ਆਪੇ ਮੇਲੇ ਸੇਵ ਕਰਾਏ॥		Har Aapae Maelae Saev Karaaeae ||	The Lord Himself leads us to merge with Him and serve Him.	ਪਰਮਾਤਮਾ ਆਪ ਹੀ (ਜੀਵ ਨੂੰ ਆਪਣੇ ਚਰਨਾਂ ਵਿਚ) ਜੋੜਦਾ ਹੈ, (ਆਪਣੀ) ਸੇਵਾ ਭਗਤੀ ਕਰਾਂਦਾ ਹੈ।
5167	126	ਗੁਰ ਕੈ ਸਬਦਿ ਭਾਉ ਦੂਜਾ ਜਾਏ॥		Gur Kai Sabadh Bhaao Dhoojaa Jaaeae ||	Through the Word of the Guru's Shabad, the love of duality is eradicated.	(ਜਿਸ ਮਨੁੱਖ ਨੂੰ ਪ੍ਰਭੂ) ਗੁਰੂ ਦੇ ਸ਼ਬਦ ਵਿਚ (ਜੋੜਦਾ ਹੈ ਉਸ ਦੇ ਅੰਦਰੋਂ) ਮਾਇਆ ਦਾ ਪਿਆਰ ਦੂਰ ਹੋ ਜਾਂਦਾ ਹੈ।
5168	126	ਹਰਿ ਨਿਰਮਲੁ ਸਦਾ ਗੁਣਦਾਤਾ ਹਰਿ ਗੁਣ ਮਹਿ ਆਪਿ ਸਮਾਵਣਿਆ॥੧॥		Har Niramal Sadhaa Gunadhaathaa Har Gun Mehi Aap Samaavaniaa ||1||	The Immaculate Lord is the Bestower of eternal virtue. The Lord Himself leads us to merge in His Virtuous Goodness. ||1||	ਪਰਮਾਤਮਾ (ਆਪ) ਸਦਾ ਪਵਿਤ੍ਰ-ਸਰੂਪ ਹੈ, (ਸਭ ਜੀਵਾਂ ਨੂੰ ਆਪਣੇ) ਗੁਣ ਦੇਣ ਵਾਲਾ ਹੈ, ਪਰਮਾਤਮਾ ਆਪ (ਆਪਣੇ) ਗੁਣਾਂ ਵਿਚ (ਜੀਵ ਨੂੰ) ਲੀਨ ਕਰਦਾ ਹੈ ॥੧॥
5169	126	ਹਉ ਵਾਰੀ ਜੀਉ ਵਾਰੀ ਸਚੁ ਸਚਾ ਹਿਰਦੈ ਵਸਾਵਣਿਆ॥		Ho Vaaree Jeeo Vaaree Sach Sachaa Hiradhai Vasaavaniaa ||	I am a sacrifice, my soul is a sacrifice, to those who enshrine the Truest of the True within their hearts.	ਮੈਂ ਉਹਨਾਂ ਮਨੁੱਖਾਂ ਤੋਂ ਸਦਾ ਸਦਕੇ ਕੁਰਬਾਨ ਜਾਂਦਾ ਹਾਂ, ਜੇਹੜੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਂਦੇ ਹਨ।
5170	126	ਸਚਾ ਨਾਮੁ ਸਦਾ ਹੈ ਨਿਰਮਲੁ ਗੁਰ ਸਬਦੀ ਮੰਨਿ ਵਸਾਵਣਿਆ॥੧॥ਰਹਾਉ॥		Sachaa Naam Sadhaa Hai Niramal Gur Sabadhee Mann Vasaavaniaa ||1|| Rehaao ||	The True Name is eternally pure and immaculate. Through the Word of the Guru's Shabad, it is enshrined within the mind. ||1||Pause||	ਪਰਮਾਤਮਾ ਦਾ ਸਦਾ ਕਾਇਮ ਰਹਿਣ ਵਾਲਾ ਨਾਮ ਸਦਾ ਪਵਿਤ੍ਰ ਹੈ, (ਵਡ-ਭਾਗੀ ਮਨੁੱਖ) ਗੁਰੂ ਦੇ ਸ਼ਬਦ ਦੀ ਰਾਹੀਂ (ਇਸ ਨਾਮ ਨੂੰ ਆਪਣੇ) ਮਨ ਵਿਚ ਵਸਾਂਦੇ ਹਨ ॥੧॥ ਰਹਾਉ ॥

5171	126	ਆਪੇ ਗੁਰੁ ਦਾਤਾ ਕਰਮਿ ਬਿਧਾਤਾ॥	(ਕਰਮਿ) ਬਖ਼ਸ਼ਸ਼ਾਂ ਕਰਨ ਵਾਲੇ (ਬਿਧਾਤਾ) ਪ੍ਰਭੂ ਜੀ	Aapae Gur Dhaathaa Karam Bidhhaathaa ||	The Guru Himself is the Giver, the Architect of Destiny.	ਪਰਮਾਤਮਾ ਆਪ ਹੀ ਗੁਰੂ (-ਰੂਪ) ਹੈ, ਆਪ ਹੀ ਦਾਤਾਂ ਦੇਣ ਵਾਲਾ ਹੈ, ਆਪ ਹੀ (ਜੀਵ ਨੂੰ ਉਸ ਦੇ ਕੀਤੇ) ਕਰਮ ਅਨੁਸਾਰ ਪੈਦਾ ਕਰਨ ਵਾਲਾ ਹੈ।
5172	126	ਸੇਵਕ ਸੇਵਹਿ ਗੁਰਮੁਖਿ ਹਰਿ ਜਾਤਾ॥		Saevak Saevehi Guramukh Har Jaathaa ||	The Gurmukh, the humble servant who serves the Lord, comes to know Him.	ਪ੍ਰਭੂ ਦੇ ਸੇਵਕ ਗੁਰੂ ਦੀ ਸਰਨ ਪੈ ਕੇ ਉਸ ਦੀ ਸੇਵਾ ਭਗਤੀ ਕਰਦੇ ਹਨ, ਤੇ ਉਸ ਨਾਲ ਡੂੰਘੀ ਸਾਂਝ ਪਾਂਦੇ ਹਨ।
5173	126	ਅੰਮ੍ਰਿਤ ਨਾਮਿ ਸਦਾ ਜਨ ਸੋਹਹਿ ਗੁਰਮਤਿ ਹਰਿ ਰਸੁ ਪਾਵਣਿਆ॥੨॥	ਸੋਹਹਿ	Anmrith Naam Sadhaa Jan Sohehi Guramath Har Ras Paavaniaa ||2||	Those humble beings look beautiful forever in the Ambrosial Naam. Through the Guru's Teachings, they receive the sublime essence of the Lord. ||2||	ਆਤਮਕ ਜੀਵਨ ਦੇਣ ਵਾਲੇ ਹਰਿ ਨਾਮ ਵਿਚ ਜੁੜ ਕੇ ਸੇਵਕ ਜਨ ਆਪਣਾ ਜੀਵਨ ਸੋਹਣਾ ਬਣਾਂਦੇ ਹਨ, ਗੁਰੂ ਦੀ ਮਤਿ ਉੱਤੇ ਤੁਰ ਕੇ ਪਰਮਾਤਮਾ ਦੇ ਮਿਲਾਪ ਦਾ ਆਨੰਦ ਮਾਣਦੇ ਹਨ ॥੨॥
5174	126	ਇਸੁ ਗੁਫਾ ਮਹਿ ਇਕੁ ਥਾਨੁ ਸੁਹਾਇਆ॥		Eis Gufaa Mehi Eik Thhaan Suhaaeiaa ||	Within the cave of this body, there is one beautiful place.	ਉਸ (ਮਨੁੱਖ) ਦੇ ਇਸ ਸਰੀਰ-ਗੁਫ਼ਾ ਵਿਚ ਪਰਮਾਤਮਾ ਪ੍ਰਗਟ ਹੋ ਪਿਆ, ਤੇ ਉਸ ਦਾ ਹਿਰਦਾ-ਥਾਂ ਸੁੰਦਰ ਬਣ ਗਿਆ,
5175	126	ਪੂਰੈ ਗੁਰਿ ਹਉਮੈ ਭਰਮੁ ਚੁਕਾਇਆ॥		Poorai Gur Houmai Bharam Chukaaeiaa ||	Through the Perfect Guru, ego and doubt are dispelled.	(ਜਿਸ ਦੇ ਹਿਰਦੇ ਵਿਚੋਂ) ਪੂਰੇ ਗੁਰੂ ਨੇ ਹਉਮੈ ਦੂਰ ਕਰ ਦਿੱਤੀ, ਭਟਕਣਾ ਮੁਕਾ ਦਿੱਤੀ।

5176	126	ਅਨ ਦਿਨੁ ਨਾਮੁ ਸਲਾਹਨਿ ਰੰਗਿ ਰਾਤੇ ਗੁਰ ਕਿਰਪਾ ਤੇ ਪਾਵਣਿਆ॥੩॥		Anadhin Naam Salaahan Rang Raathae Gur Kirapaa Thae Paavaniaa ||3||	Night and day, praise the Naam, the Name of the Lord; imbued with the Lord's Love, by Guru's Grace, you shall find Him. ||3||	(ਵਡ-ਭਾਗੀ ਮਨੁੱਖ ਗੁਰੂ ਦੀ ਸ਼ਰਨ ਪੈ ਕੇ) ਹਰ ਵੇਲੇ ਪਰਮਾਤਮਾ ਦਾ ਨਾਮ ਸਲਾਹੁੰਦੇ ਹਨ, ਉਸ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਗੁਰੂ ਦੀ ਕਿਰਪਾ ਨਾਲ ਉਸ ਦਾ ਮਿਲਾਪ ਪ੍ਰਾਪਤ ਕਰਦੇ ਹਨ ॥੩॥
5177	127	ਗੁਰ ਕੈ ਸਬਦਿ ਇਹੁ ਗੁਫਾ ਵੀਚਾਰੇ॥		Gur Kai Sabadh Eihu Gufaa Veechaarae ||	Through the Word of the Guru's Shabad, search this cave.	ਇਹ ਜੀਵ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਆਪਣੇ ਸਰੀਰ-ਗੁਫ਼ਾ ਵਿਚ ਪ੍ਰਭੂ ਦੇ ਗੁਣ ਵਿਚਾਰਦਾ ਹੈ,
5178	127	ਨਾਮੁ ਨਿਰੰਜਨੁ ਅੰਤਰਿ ਵਸੈ ਮੁਰਾਰੇ॥	(ਮੁਰਾਰੇ) ਵਾਹਿਗੁਰੂ ਜੀ	Naam Niranjan Anthar Vasai Muraarae ||	The Immaculate Naam, the Name of the Lord, abides deep within the self.	ਤੇ ਉਸ ਦੇ ਹਿਰਦੇ ਵਿਚ ਮੁਰਾਰੀ ਪ੍ਰਭੂ ਦਾ ਮਾਇਆ ਦੇ ਮੋਹ ਦੀ ਕਾਲਖ ਤੋਂ ਬਚਾਣ ਵਾਲਾ ਨਾਮ ਵੱਸ ਪੈਂਦਾ ਹੈ।
5179	127	ਹਰਿ ਗੁਣ ਗਾਵੈ ਸਬਦਿ ਸੁਹਾਏ ਮਿਲਿ ਪ੍ਰੀਤਮ ਸੁਖੁ ਪਾਵਣਿਆ॥੪॥		Har Gun Gaavai Sabadh Suhaaeae Mil Preetham Sukh Paavaniaa ||4||	Sing the Glorious Praises of the Lord, and decorate yourself with the Shabad. Meeting with your Beloved, you shall find peace. ||4||	ਉਸ ਗੁਰੂ ਦੇ ਸ਼ਬਦ ਵਿਚ {ਜੁੜ ਕੇ ਜਿਉਂ ਜਿਉਂ} ਪਰਮਾਤਮਾ ਦੇ ਗੁਣ ਗਾਂਦਾ ਹੈ, ਉਸ ਦਾ ਜੀਵਨ ਸੁੰਦਰ ਬਣ ਜਾਂਦਾ ਹੈ, ਪ੍ਰੀਤਮ ਨੂੰ ਮਿਲ ਕੇ ਆਤਮਕ ਆਨੰਦ ਮਾਣਦਾ ਹੈ ॥੪॥

5180	127	ਜਮੁ ਜਾਗਾਤੀ ਦੂਜੈ ਭਾਇ ਕਰੁ ਲਾਏ॥	(ਕਰੁ) ਟੈਕਸ ਮਸੂਲ	Jam Jaagaathee Dhoojai Bhaae Kar Laaeae ||	The Messenger of Death imposes his tax on those who are attached to duality.	ਜੇਹੜਾ ਮਨੁੱਖ ਮਾਇਆ ਦੇ ਪਿਆਰ ਵਿਚ (ਫਸਿਆ ਰਹਿੰਦਾ ਹੈ, ਉਸ ਪਾਸੋਂ) ਮਸੂਲੀਆ ਜਮ-ਰਾਜ ਮਸੂਲ ਲੈਂਦਾ ਹੈ।
5181	127	ਨਾਵਹੁ ਭੂਲੇ ਦੇਇ ਸਜਾਏ॥		Naavahu Bhoolae Dhaee Sajaaeae ||	He inflicts punishment on those who forget the Name.	ਪਰਮਾਤਮਾ ਦੇ ਨਾਮ ਤੋਂ ਖੁੰਝੇ ਹੋਏ ਉਸ ਮਨੁੱਖ ਨੂੰ ਸਜ਼ਾ ਦੇਂਦਾ ਹੈ।
5182	127	ਘੜੀ ਮੁਹਤ ਕਾ ਲੇਖਾ ਲੇਵੈ ਰਤੀਅਹੁ ਮਾਸਾ ਤੋਲ ਕਢਾਵਣਿਆ॥੫॥	ਰੱਤੀਅਹੁ	Gharree Muhath Kaa Laekhaa Laevai Ratheeahu Maasaa Thol Kadtaavaniaa ||5||	They are called to account for each instant and each moment. Every grain, every particle, is weighed and counted. ||5||	(ਜਮਰਾਜ ਮਸੂਲੀਆ) ਉਸ ਪਾਸੋਂ ਉਸ ਦੀ ਜ਼ਿੰਦਗੀ ਦੀ ਇਕ ਇਕ ਘੜੀ ਦਾ, ਅੱਧੀ ਅੱਧੀ ਘੜੀ ਦਾ ਲੇਖਾ ਲੈਂਦਾ ਹੈ। ਇਕ ਇਕ ਰੱਤੀ ਕਰ ਕੇ, ਇਕ ਇਕ ਮਾਸਾ ਕਰ ਕੇ ਜਮਰਾਜ ਉਸ ਦੇ ਜੀਵਨ-ਕਰਮਾਂ ਦਾ ਤੋਲ ਕਰਾਂਦਾ ਹੈ ॥੫॥
5183	127	ਪੇਈਅੜੈ ਪਿਰੁ ਚੇਤੈ ਨਾਹੀ॥		Paeeearrai Pir Chaethae Naahee ||	One who does not remember her Husband Lord in this world is being cheated by duality;	ਜੇਹੜੀ ਜੀਵ-ਇਸਤ੍ਰੀ ਪੇਕੇ ਘਰ ਵਿਚ (ਇਸ ਜੀਵਨ ਵਿਚ) ਪ੍ਰਭੂ ਪਤੀ ਨੂੰ ਯਾਦ ਨਹੀਂ ਕਰਦੀ,
5184	127	ਦੂਜੈ ਮੁਠੀ ਰੋਵੈ ਧਾਹੀ॥	(ਧਾਹੀ) ਧਾਹਾਂ ਮਾਰ ਕੇ	Dhoojai Muthee Rovai Dhhaahee ||	She shall weep bitterly in the end.	ਤੇ ਮਾਇਆ ਦੇ ਮੋਹ ਵਿਚ ਪੈ ਕੇ (-ਆਤਮਕ ਗੁਣਾਂ ਦੀ ਰਾਸਿ ਪੂੰਜੀ) ਲੁਟਾਂਦੀ ਰਹਿੰਦੀ ਹੈ, ਉਹ (ਲੇਖਾ ਦੇਣ ਵੇਲੇ) ਢਾਹਾਂ ਮਾਰ ਮਾਰ ਕੇ ਰੋਂਦੀ ਹੈ।

5185	127	ਖਰੀ ਕੁਆਲਿਓ ਕੁਰੂਪਿ ਕੁਲਖਣੀ ਸੁਪਨੈ ਪਿਰੁ ਨਹੀ ਪਾਵਣਿਆ॥੬॥	(ਖਰੀ) ਬਹੁਤ (ਕੁਆਲਿਓ) ਬੁਰੇ ਘਰ ਦੀ। (ਕੁਰੂਪਿ) ਹਿਰਦੇ ਦੀ ਸਫਾਈ ਰਹਿਤ ਭਿਆਨਕ। (ਕੁ-ਲੱਖਣੀ) ਖੋਟੇ ਚਾਲ ਚੱਲਣ ਵਾਲੀ	Kharee Kuaaliou Kuroop Kulakhanee Supanai Pir Nehee Paavaniaa ||6||	She is from an evil family; she is ugly and vile. Even in her dreams, she does not meet her Husband Lord. ||6||	ਉਹ ਜੀਵ-ਇਸਤ੍ਰੀ ਭੈੜੇ ਘਰ ਦੀ ਭੈੜੇ ਰੂਪ ਵਾਲੀ ਭੈੜੇ ਲੱਛਣਾਂ ਵਾਲੀ ਹੀ ਕਹੀ ਜਾਂਦੀ ਹੈ, (ਪੇਕੇ ਘਰ ਰਹਿੰਦਿਆਂ) ਉਸ ਨੇ ਕਦੇ ਸੁਪਨੇ ਵਿਚ ਭੀ ਪ੍ਰਭੂ ਮਿਲਾਪ ਨਾਹ ਕੀਤਾ ॥੬॥
5186	127	ਪੇਈਅੜੈ ਪਿਰੁ ਮੰਨਿ ਵਸਾਇਆ॥		Paeeearrai Pir Mann Vasaaeiaa ||	She who enshrines her Husband Lord in her mind in this world	ਪੇਕੇ ਘਰ ਵਿਚ ਜਿਸ ਜੀਵ-ਇਸਤ੍ਰੀ ਨੇ ਪ੍ਰਭੂ ਪਤੀ ਨੂੰ ਆਪਣੇ ਮਨ ਵਿਚ ਰੱਖਿਆ,
5187	127	ਪੂਰੈ ਗੁਰਿ ਹਦੂਰਿ ਦਿਖਾਇਆ॥	(ਹਦੂਰਿ) ਅੰਗ ਸੰਗ	Poorai Gur Hadhoor Dhikhaaeiaa ||	His Presence is revealed to her by the Perfect Guru.	ਜਿਸ ਨੂੰ ਪੂਰੇ ਗੁਰੂ ਨੇ (ਪ੍ਰਭੂ-ਪਤੀ ਉਸ ਦੇ) ਅੰਗ-ਸੰਗ (ਵੱਸਦਾ) ਵਿਖਾ ਦਿੱਤਾ.
5188	127	ਕਾਮਣਿ ਪਿਰੁ ਰਾਖਿਆ ਕੰਠਿ ਲਾਇ ਸਬਦੇ ਪਿਰੁ ਰਾਵੈ ਸੇਜ ਸੁਹਾਵਣਿਆ॥੭॥	ਕੱਾਮਣਿ	Kaaman Pir Raakhiaa Kanth Laae Sabadhae Pir Raavai Saej Suhaavaniaa ||7||	That soul-bride keeps her Husband Lord clasped tightly to her heart, and through the Word of the Shabad, she enjoys her Husband Lord upon His Beautiful Bed. ||7||	ਜਿਸ ਜੀਵ-ਇਸਤ੍ਰੀ ਨੇ ਪ੍ਰਭੂ-ਪਤੀ ਨੂੰ ਸਦਾ ਆਪਣੇ ਗਲ ਨਾਲ ਲਾਈ ਰੱਖਿਆ, ਉਹ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ-ਪਤੀ ਦੇ ਮਿਲਾਪ ਦਾ ਆਨੰਦ ਮਾਣਦੀ ਰਹਿੰਦੀ ਹੈ, ਉਸ ਦੇ ਹਿਰਦੇ ਦੀ ਸੇਜ ਸੋਹਣੀ ਬਣੀ ਰਹਿੰਦੀ ਹੈ ॥੭॥
5189	127	ਆਪੇ ਦੇਵੈ ਸਦਿ ਬੁਲਾਏ॥	ਸੱਦਿ	Aapae Dhaevai Sadh Bulaaeae ||	The Lord Himself sends out the call, and He summons us to His Presence.	(ਪਰ ਜੀਵਾਂ ਦੇ ਵੱਸ ਦੀ ਗੱਲ ਨਹੀਂ) ਪਰਮਾਤਮਾ ਆਪ ਹੀ (ਜੀਵ ਨੂੰ) ਸੱਦ ਕੇ ਬੁਲਾ ਕੇ (ਆਪਣੇ ਨਾਮ ਦੀ ਦਾਤਿ) ਦੇਂਦਾ ਹੈ।

5190	127	ਆਪਣਾ ਨਾਉ ਮੰਨਿ ਵਸਾਏ॥		Aapanaa Naao Mann Vasaaeae ||	He enshrines His Name within our minds.	ਆਪ ਹੀ ਆਪਣਾ ਨਾਮ (ਜੀਵ ਦੇ) ਮਨ ਵਿਚ ਵਸਾਂਦਾ ਹੈ।
5191	127	ਨਾਨਕ ਨਾਮੁ ਮਿਲੈ ਵਡਿਆਈ ਅਨ ਦਿਨੁ ਸਦਾ ਗੁਣ ਗਾਵਣਿਆ॥੮॥੨੮॥੨੯॥		Naanak Naam Milai Vaddiaaee Anadhin Sadhaa Gun Gaavaniaa ||8||28||29||	O Nanak, one who receives the greatness of the Naam night and day, constantly sings His Glorious Praises. ||8||28||29||	ਹੇ ਨਾਨਕ! ਜਿਸ ਮਨੁੱਖ ਨੂੰ ਪਰਮਾਤਮਾ ਦਾ ਨਾਮ ਮਿਲਦਾ ਹੈ, ਉਸ ਨੂੰ (ਲੋਕ ਪਰਲੋਕ ਵਿਚ) ਵਡਿਆਈ ਮਿਲਦੀ ਹੈ, ਉਹ ਹਰ ਵੇਲੇ ਸਦਾ ਹੀ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੮॥੨੮॥੨੯॥
5192	127	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
5193	127	ਊਤਮ ਜਨਮੁ ਸੁਥਾਨਿ ਹੈ ਵਾਸਾ॥	(ਸੁਥਾਨਿ) ਸਾਧਸੰਗਤ, ਸਤਿ ਸਰੂਪ ਬ੍ਰਹਮ	Ootham Janam Suthhaan Hai Vaasaa ||	Sublime is their birth, and the place where they dwell.	ਜੇਹੜੇ ਮਨੁੱਖ (ਸਾਧ ਸੰਗਤਿ-) ਸ੍ਰੇਸ਼ਟ ਥਾਂ ਵਿਚ ਨਿਵਾਸ ਰੱਖਦੇ ਹਨ, ਉਹਨਾਂ ਦਾ ਮਨੁੱਖਾ ਜਨਮ ਸ੍ਰੇਸ਼ਟ ਹੋ ਜਾਂਦਾ ਹੈ (ਸੁਧਰ ਜਾਂਦਾ ਹੈ)।
5194	127	ਸਤਿਗੁਰੁ ਸੇਵਹਿ ਘਰ ਮਾਹਿ ਉਦਾਸਾ॥		Sathigur Saevehi Ghar Maahi Oudhaasaa ||	Those who serve the True Guru remain detached in the home of their own being.	ਜੇਹੜੇ ਮਨੁੱਖ ਗੁਰੂ ਦਾ ਆਸਰਾ-ਪਰਨਾ ਲੈਂਦੇ ਹਨ, ਉਹ ਗ੍ਰਿਹਸਤ ਵਿਚ ਰਹਿੰਦੇ ਹੋਏ ਹੀ (ਮਾਇਆ ਵਲੋਂ) ਨਿਰਲੇਪ ਰਹਿੰਦੇ ਹਨ।

5195	127	ਹਰਿ ਰੰਗਿ ਰਹਹਿ ਸਦਾ ਰੰਗਿ ਰਾਤੇ ਹਰਿ ਰਸਿ ਮਨੁ ਤ੍ਰਿਪਤਾਵਣਿਆ॥੧॥	ਰਹਹਿ	Har Rang Rehehi Sadhaa Rang Raathae Har Ras Man Thripathaavaniaa ||1||	They abide in the Lord's Love, and constantly imbued with His Love, their minds are satisfied and fulfilled with the Lord's Essence. ||1||	ਉਹ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਟਿਕੇ ਰਹਿੰਦੇ ਹਨ, ਉਹ ਸਦਾ ਪ੍ਰਭੂ ਦੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ, ਪ੍ਰਭੂ ਦੇ ਨਾਮ-ਰਸ ਵਿਚ ਉਹਨਾਂ ਦਾ ਮਨ ਰੱਜਿਆ ਰਹਿੰਦਾ ਹੈ ॥੧॥
5196	127	ਹਉ ਵਾਰੀ ਜੀਉ ਵਾਰੀ ਪੜਿ ਬੁਝਿ ਮੰਨਿ ਵਸਾਵਣਿਆ॥	ਪੜ੍ਹਿ ਬੁੱਝਿ	Ho Vaaree Jeeo Vaaree Parr Bujh Mann Vasaavaniaa ||	I am a sacrifice, my soul is a sacrifice, to those who read of the Lord, who understand and enshrine Him within their minds.	ਮੈਂ ਉਹਨਾਂ ਮਨੁੱਖਾਂ ਤੋਂ ਸਦਾ ਸਦਕੇ ਕੁਰਬਾਨ ਜਾਂਦਾ ਹਾਂ, ਜੇਹੜੇ (ਧਾਰਮਿਕ ਪੁਸਤਕਾਂ) ਪੜ੍ਹ ਕੇ ਸਮਝ ਕੇ (ਪਰਮਾਤਮਾ ਦਾ ਨਾਮ ਆਪਣੇ) ਮਨ ਵਿਚ ਵਸਾਂਦੇ ਹਨ।
5197	127	ਗੁਰਮੁਖਿ ਪੜਹਿ ਹਰਿ ਨਾਮੁ ਸਲਾਹਹਿ ਦਰਿ ਸਚੈ ਸੋਭਾ ਪਾਵਣਿਆ॥੧॥ਰਹਾਉ॥	ਸਲਾਹਹਿ	Guramukh Parrehi Har Naam Salaahehi Dhar Sachai Sobhaa Paavaniaa ||1|| Rehaao ||	The Gurmukhs read and praise the Lord's Name; they are honored in the True Court. ||1||Pause||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ (ਗੁਰੂ ਦੀ ਬਾਣੀ) ਪੜ੍ਹਦੇ ਹਨ, ਪਰਮਾਤਮਾ ਦਾ ਨਾਮ ਸਲਾਹੁੰਦੇ ਹਨ, ਤੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਸੋਭਾ ਪਾਂਦੇ ਹਨ ॥੧॥ ਰਹਾਉ ॥
5198	127	ਅਲਖ ਅਭੇਉ ਹਰਿ ਰਹਿਆ ਸਮਾਏ॥	(ਅਭੇਉ) ਭਿੰਨ ਹੋਣੋ ਰਹਿਤ	Alakh Abhaeo Har Rehiaa Samaaeae ||	The Unseen and Inscrutable Lord is permeating and pervading everywhere.	ਪਰਮਾਤਮਾ ਅਦ੍ਰਿਸ਼ਟ ਹੈ, ਉਸ ਦਾ ਭੇਦ ਨਹੀਂ ਪਾਇਆ ਜਾ ਸਕਦਾ, ਉਹ (ਸਭ ਜੀਵਾਂ ਵਿਚ ਹਰ ਥਾਂ) ਵਿਆਪਕ ਹੈ।

5199	127	ਉਪਾਇ ਨ ਕਿਤੀ ਪਾਇਆ ਜਾਏ॥		Oupaae N Kithee Paaeiaa Jaaeae ||	He cannot be obtained by any effort.	(ਗੁਰੂ ਦੀ ਸਰਨ ਤੋਂ ਬਿਨਾ ਹੋਰ) ਕਿਸੇ ਭੀ ਤਰੀਕੇ ਨਾਲ ਉਸ ਦਾ ਮਿਲਾਪ ਨਹੀਂ ਹੋ ਸਕਦਾ।
5200	127	ਕਿਰਪਾ ਕਰੇ ਤਾ ਸਤਿਗੁਰੁ ਭੇਟੇ ਨਦਰੀ ਮੇਲਿ ਮਿਲਾਵਣਿਆ॥੨॥		Kirapaa Karae Thaa Sathigur Bhaettai Nadharee Mael Milaavaniaa ||2||	If the Lord grants His Grace, then we come to meet the True Guru. By His Kindness, we are united in His Union. ||2||	ਜਦੋਂ ਪਰਮਾਤਮਾ (ਕਿਸੇ ਜੀਵ ਉੱਤੇ) ਮਿਹਰ ਕਰਦਾ ਹੈ, ਤਾਂ (ਉਸ ਨੂੰ) ਗੁਰੂ ਮਿਲਦਾ ਹੈ, (ਇਸ ਤਰ੍ਹਾਂ ਪਰਮਾਤਮਾ ਆਪਣੀ) ਮਿਹਰ ਦੀ ਨਜ਼ਰ ਨਾਲ ਉਸ ਨੂੰ ਅਪਣੇ ਚਰਨਾਂ ਵਿਚ ਮਿਲਾ ਲੈਂਦਾ ਹੈ ॥੨॥
5201	127	ਦੂਜੈ ਭਾਇ ਪੜੈ ਨਹੀ ਬੂਝੈ॥		Dhoojai Bhaae Parrai Nehee Boojhai ||	One who reads, while attached to duality, does not understand.	ਜੇਹੜਾ ਮਨੁੱਖ ਮਾਇਆ ਦੇ ਪਿਆਰ ਵਿਚ ਫਸਿਆ ਹੋਇਆ ਹੈ, ਉਹ (ਜੇ ਧਾਰਮਿਕ ਪੁਸਤਕਾਂ) ਪੜ੍ਹਦਾ (ਭੀ) ਹੈ ਤਾਂ ਉਹਨੂੰ ਨੂੰ ਸਮਝਦਾ ਨਹੀਂ ਹੈ,
5202	127	ਤ੍ਰਿਬਿਧਿ ਮਾਇਆ ਕਾਰਣਿ ਲੂਝੈ॥	(ਤ੍ਰਿਬਿਧਿ) ਤਿੰਨ ਗੁਣਾਂ ਵਾਲੀ	Thribidhh Maaeiaa Kaaran Loojhai ||	He yearns for the three-phased Maya.	ਉਹ (ਧਾਰਮਿਕ ਪੁਸਤਕਾਂ ਪੜ੍ਹਦਾ ਹੋਇਆ ਭੀ) ਤ੍ਰਿਗੁਣੀ ਮਾਇਆ ਦੀ ਖ਼ਾਤਰ (ਅੰਦਰੇ ਅੰਦਰ) ਕੁੜ੍ਹਦਾ ਰਹਿੰਦਾ ਹੈ।
5203	127	ਤ੍ਰਿਬਿਧਿ ਬੰਧਨ ਤੂਟਹਿ ਗੁਰ ਸਬਦੀ ਗੁਰ ਸਬਦੀ ਮੁਕਤਿ ਕਰਾਵਣਿਆ॥੩॥		Thribidhh Bandhhan Thoottehi Gur Sabadhee Gur Sabadhee Mukath Karaavaniaa ||3||	The bonds of the three-phased Maya are broken by the Word of the Guru's Shabad. Through the Guru's Shabad, liberation is achieved. ||3||	ਤ੍ਰਿਗੁਣੀ ਮਾਇਆ (ਦੇ ਮੋਹ) ਦੇ ਬੰਧਨ ਗੁਰੂ ਦੇ ਸ਼ਬਦ ਵਿਚ ਜੁੜਿਆਂ ਹੀ ਟੁੱਟਦੇ ਹਨ। ਗੁਰੂ ਦੇ ਸ਼ਬਦ ਵਿਚ ਜੋੜ ਕੇ ਹੀ (ਪਰਮਾਤਮਾ ਜੀਵ ਨੂੰ) ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਦਿਵਾਂਦਾ ਹੈ ॥੩॥

5204	127	ਇਹੁ ਮਨੁ ਚੰਚਲੁ ਵਸਿ ਨ ਆਵੈ॥		Eihu Man Chanchal Vas N Aavai ||	This unstable mind cannot be held steady.	(ਮਾਇਆ-ਵ੍ਹੇੜੇ ਮਨੁੱਖ ਦਾ ਇਹ ਮਨ ਚੰਚਲ (ਸੁਭਾਵ ਵਾਲਾ ਰਹਿੰਦਾ) ਹੈ, (ਉਸ ਦੇ ਆਪਣੇ ਉੱਦਮ ਨਾਲ) ਕਾਬੂ ਵਿਚ ਨਹੀਂ ਆਉਂਦਾ।
5205	127	ਦੁਬਿਧਾ ਲਾਗੈ ਦਹ ਦਿਸਿ ਧਾਵੈ॥		Dhubidhhaa Laagai Dheh Dhis Dhhaavai ||	Attached to duality, it wanders in the ten directions.	(ਉਸ ਦਾ ਮਨ ਮਾਇਆ ਦੇ ਕਾਰਨ) ਡਾਵਾਂ ਡੋਲ ਹਾਲਤ ਵਿਚ ਟਿਕਿਆ ਰਹਿੰਦਾ ਹੈ, ਤੇ (ਮਾਇਆ ਦੀ ਖ਼ਾਤਰ) ਦਸੀਂ ਪਾਸੀਂ ਦੌੜਦਾ ਰਹਿੰਦਾ ਹੈ।
5206	127	ਬਿਖੁ ਕਾ ਕੀੜਾ ਬਿਖੁ ਮਹਿ ਰਾਤਾ ਬਿਖੁ ਹੀ ਮਾਹਿ ਪਚਾਵਣਿਆ॥੪॥		Bikh Kaa Keerraa Bikh Mehi Raathaa Bikh Hee Maahi Pachaavaniaa ||4||	It is a poisonous worm, drenched with poison, and in poison it rots away. ||4||	(ਆਤਮਕ ਮੌਤ ਲਿਆਉਣ ਵਾਲੀ ਮਾਇਆ-ਰੂਪ) ਜ਼ਹਿਰ ਦਾ ਹੀ ਉਹ ਕੀੜਾ (ਬਣਿਆ ਰਹਿੰਦਾ) ਹੈ, (ਜਿਵੇਂ ਵਿਸ਼ਟੇ ਦਾ ਕੀੜਾ ਵਿਸ਼ਟੇ ਵਿਚ ਪ੍ਰਸੰਨ ਰਹਿੰਦਾ ਹੈ), ਉਹ ਇਸ ਜ਼ਹਿਰ ਵਿਚ ਹੀ ਖ਼ੁਸ਼ ਰਹਿੰਦਾ ਹੈ, ਤੇ ਇਸ ਜ਼ਹਿਰ ਵਿਚ ਹੀ (ਉਸ ਦਾ ਆਤਮਕ ਜੀਵਨ) ਖ਼ੁਆਰ ਹੁੰਦਾ ਰਹਿੰਦਾ ਹੈ ॥੪॥
5207	127	ਹਉ ਹਉ ਕਰੇ ਤੈ ਆਪੁ ਜਣਾਏ॥		Ho Ho Karae Thai Aap Janaaeae ||	Practicing egotism and selfishness, they try to impress others by showing off.	(ਮਾਇਆ-ਵੇੜ੍ਹਿਆ ਮਨੁੱਖ ਸਦਾ) ਹਉਮੈ ਦੇ ਬੋਲ ਬੋਲਦਾ ਹੈ, ਆਪਣੇ ਆਪ ਨੂੰ ਵੱਡਾ ਜ਼ਾਹਰ ਕਰਦਾ ਹੈ।
5208	127	ਬਹੁ ਕਰਮ ਕਰੈ ਕਿਛੁ ਥਾਇ ਨ ਪਾਏ॥		Bahu Karam Karai Kishh Thhaae N Paaeae ||	They perform all sorts of rituals, but they gain no acceptance.	(ਆਪਣੇ ਵੱਲੋਂ ਮਿੱਥੇ ਹੋਏ ਧਾਰਮਿਕ) ਕੰਮ (ਭੀ) ਵਧੇਰੇ ਕਰਦਾ ਹੈ, ਪਰ ਉਸਦਾ ਕੋਈ ਕੰਮ ਪਰਮਾਤਮਾ ਦੀ ਹਜ਼ੂਰੀ ਵਿਚ ਕਬੂਲ ਨਹੀਂ ਹੁੰਦਾ।

5209	127	ਤੁਝ ਤੇ ਬਾਹਰਿ ਕਿਛੂ ਨ ਹੋਵੈ ਬਖਸੇ ਸਬਦਿ ਸੁਹਾਵਣਿਆ॥੫॥		Thujh Thae Baahar Kishhoo N Hovai Bakhasae Sabadh Suhaavaniaa ||5||	Without You, Lord, nothing happens at all. You forgive those who are adorned with the Word of Your Shabad. ||5||	(ਪਰ, ਹੇ ਪ੍ਰਭੂ!) ਤੇਰੀ ਮਿਹਰ ਤੋਂ ਬਿਨਾ (ਜੀਵ ਪਾਸੋਂ) ਕੁਝ ਨਹੀਂ ਹੋ ਸਕਦਾ (ਹੇ ਭਾਈ!) ਜਿਸ ਮਨੁੱਖ ਉੱਤੇ ਪ੍ਰਭੂ ਦਇਆ ਕਰਦਾ ਹੈ, ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ ਸੋਹਣੇ ਜੀਵਨ ਵਾਲਾ ਬਣ ਜਾਂਦਾ ਹੈ ॥੫॥
5210	127	ਉਪਜੈ ਪਚੈ ਹਰਿ ਬੂਝੈ ਨਾਹੀ॥	(ਪਚੈ) ਖਪੇ	Oupajai Pachai Har Boojhai Naahee ||	They are born, and they die, but they do not understand the Lord.	ਜੇਹੜਾ ਮਨੁੱਖ ਪਰਮਾਤਮਾ ਨਾਲ ਸਾਂਝ ਨਹੀਂ ਪਾਂਦਾ, ਉਹ ਕਦੇ ਜੰਮਦਾ ਹੈ ਕਦੇ ਸੜਦਾ ਹੈ (ਭਾਵ ਉਹ ਕਦੇ ਤਾਂ ਸੁਖ ਦਾ ਸਾਹ ਲੈਂਦਾ ਹੈ ਕਦੇ ਹਾਹੁਕੇ ਲੈਂਦਾ ਹੈ)।
5211	127	ਅਨ ਦਿਨੁ ਦੂਜੈ ਭਾਇ ਫਿਰਾਹੀ॥		Anadhin Dhoojai Bhaae Firaahee ||	Night and day, they wander, in love with duality.	ਜੇਹੜੇ ਮਨੁੱਖ (ਪ੍ਰਭੂ ਨੂੰ ਵਿਸਾਰ ਕੇ) ਮਾਇਆ ਦੇ ਮੋਹ ਵਿਚ ਮਸਤ ਰਹਿੰਦੇ ਹਨ, ਉਹ ਹਰ ਵੇਲੇ (ਮਾਇਆ ਦੀ ਖ਼ਾਤਰ ਹੀ) ਭਟਕਦੇ ਫਿਰਦੇ ਰਹਿੰਦੇ ਹਨ।
5212	127	ਮਨਮੁਖ ਜਨਮੁ ਗਇਆ ਹੈ ਬਿਰਥਾ ਅੰਤਿ ਗਇਆ ਪਛੁਤਾਵਣਿਆ॥੬॥	ਗਇਆ	Manamukh Janam Gaeiaa Hai Birathhaa Anth Gaeiaa Pashhuthaavaniaa ||6||	The lives of the self-willed manmukhs are useless; in the end, they die, regretting and repenting. ||6||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ ਜੀਵਨ ਵਿਅਰਥ ਚਲਾ ਜਾਂਦਾ ਹੈ, ਉਹ ਆਖ਼ਰ (ਦੁਨੀਆ ਤੋਂ) ਪਛੁਤਾਂਦਾ ਹੀ ਜਾਂਦਾ ਹੈ ॥੬॥

5213	127	ਪਿਰੁ ਪਰਦੇਸਿ ਸਿਗਾਰੁ ਬਣਾਏ॥		Pir Paradhaes Sigaar Banaaeae ||	The Husband is away, and the wife is getting dressed up.	(ਇਸਤ੍ਰੀ ਦਾ) ਪਤੀ ਪਰਦੇਸ ਵਿਚ ਹੋਵੇ ਤੇ ਉਹ (ਆਪਣੇ ਸਰੀਰ ਦਾ) ਸ਼ਿੰਗਾਰ ਕਰਦੀ ਰਹੇ (ਅਜੇਹੀ ਇਸਤ੍ਰੀ ਨੂੰ ਸੁਖ ਨਹੀਂ ਮਿਲ ਸਕਦਾ।)
5214	127	ਮਨਮੁਖ ਅੰਧੁ ਐਸੇ ਕਰਮ ਕਮਾਏ॥		Manamukh Andhh Aisae Karam Kamaaeae ||	This is what the blind, self-willed manmukhs are doing.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮਨੁੱਖ (ਭੀ) ਇਹੋ ਜਿਹੇ ਕਰਮ ਹੀ ਕਰਦਾ ਹੈ।
5215	127	ਹਲਤਿ ਨ ਸੋਭਾ ਪਲਤਿ ਨ ਢੋਈ ਬਿਰਥਾ ਜਨਮੁ ਗਵਾਵਣਿਆ॥੭॥	(ਹਲਤਿ) ਇਸ ਲੋਕ ਚ, (ਪਲਤਿ) ਪ੍ਰਲੋਕ ਚ। (ਢੋਈ) ਸਹਾਰਾ	Halath N Sobhaa Palath N Dtoee Birathhaa Janam Gavaavaniaa ||7||	They are not honored in this world, and they shall find no shelter in the world hereafter. They are wasting their lives in vain. ||7||	ਉਸ ਨੂੰ ਇਸ ਲੋਕ ਵਿਚ (ਭੀ) ਸੋਭਾ ਨਹੀਂ ਮਿਲਦੀ, ਤੇ ਪਰਲੋਕ ਵਿਚ ਭੀ ਸਹਾਰਾ ਨਹੀਂ ਮਿਲਦਾ। ਉਹ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਜਾਂਦਾ ਹੈ ॥੭॥
5216	127	ਹਰਿ ਕਾ ਨਾਮੁ ਕਿਨੈ ਵਿਰਲੈ ਜਾਤਾ॥		Har Kaa Naam Kinai Viralai Jaathaa ||	How rare are those who know the Name of the Lord!	ਕਿਸੇ ਵਿਰਲੇ ਮਨੁੱਖ ਨੇ ਪਰਮਾਤਮਾ ਦੇ ਨਾਮ ਨਾਲ ਡੂੰਘੀ ਸਾਂਝ ਪਾਈ ਹੈ।
5217	127	ਪੂਰੇ ਗੁਰ ਕੈ ਸਬਦਿ ਪਛਾਤਾ॥		Poorae Gur Kai Sabadh Pashhaathaa ||	Through the Shabad, the Word of the Perfect Guru, the Lord is realized.	(ਕੋਈ ਵਿਰਲਾ ਮਨੁੱਖ) ਪੂਰੇ ਗਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਨਾਲ ਸਾਂਝ ਪਾਂਦਾ ਹੈ।

5218	127	ਅਨਦਿਨੁ ਭਗਤਿ ਕਰੇ ਦਿਨੁ ਰਾਤੀ ਸਹਜੇ ਹੀ ਸੁਖੁ ਪਾਵਣਿਆ॥੮॥	(ਅਨਦਿਨੁ) ਇੱਕਰਸ	Anadhin Bhagath Karae Dhin Raathee Sehajae Hee Sukh Paavaniaa ||8||	Night and day, they perform the Lord's devotional service; day and night, they find intuitive peace. ||8||	(ਜੇਹੜਾ ਸਾਂਝ ਪਾਂਦਾ ਹੈ) ਉਹ ਹਰ ਰੋਜ਼ ਦਿਨ ਰਾਤ ਪ੍ਰਭੂ ਦੀ ਭਗਤੀ ਕਰਦਾ ਹੈ, ਤੇ ਆਤਮਕ ਅਡੋਲਤਾ ਵਿਚ ਹੀ ਟਿਕਿਆ ਰਹਿ ਕੇ ਆਤਮਕ ਆਨੰਦ ਮਾਣਦਾ ਹੈ ॥੮॥
5219	127	ਸਭ ਮਹਿ ਵਰਤੈ ਏਕੋ ਸੋਈ॥		Sabh Mehi Varathai Eaeko Soee ||	That One Lord is pervading in all.	ਇਕ ਪਰਮਾਤਮਾ ਹੀ ਸਭ ਜੀਵਾਂ ਵਿਚ ਮੌਜੂਦ ਹੈ।
5220	127	ਗੁਰਮੁਖਿ ਵਿਰਲਾ ਬੂਝੈ ਕੋਈ॥		Guramukh Viralaa Boojhai Koee ||	Only a few, as Gurmukh, understand this.	(ਪਰ ਇਹ ਗੱਲ) ਕੋਈ ਵਿਰਲਾ ਮਨੁੱਖ ਗੁਰੂ ਦੀ ਸਰਨ ਪੈ ਕੇ ਸਮਝਦਾ ਹੈ।
5221	127	ਨਾਨਕ ਨਾਮਿ ਰਤੇ ਜਨ ਸੋਹਹਿ ਕਰਿ ਕਿਰਪਾ ਆਪਿ ਮਿਲਾਵਣਿਆ॥੯॥੨੯॥੩੦॥	ਸੋਹਹਿ	Naanak Naam Rathae Jan Sohehi Kar Kirapaa Aap Milaavaniaa ||9||29||30||	O Nanak, those who are attuned to the Naam are beautiful. Granting His Grace, God unites them with Himself. ||9||29||30||	ਹੇ ਨਾਨਕ! ਜੇਹੜੇ ਮਨੁੱਖ (ਉਸ ਸਰਬ-ਵਿਆਪਕ ਪਰਮਾਤਮਾ ਦੇ) ਨਾਮ ਵਿਚ ਮਸਤ ਰਹਿੰਦੇ ਹਨ, ਉਹ ਆਪਣਾ ਜੀਵਨ ਸੁੰਦਰ ਬਣਾ ਲੈਂਦੇ ਹਨ। ਪ੍ਰਭੂ ਮਿਹਰ ਕਰ ਕੇ ਆਪ ਹੀ ਉਹਨਾਂ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ ॥੯॥੨੯॥੩੦॥
5222	128	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
5223	128	ਮਨਮੁਖ ਪੜਹਿ ਪੰਡਿਤ ਕਹਾਵਹਿ॥		Manamukh Parrehi Panddith Kehaavehi ||	The self-willed manmukhs read and recite; they are called Pandits-spiritual scholars.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਵੇਦ ਆਦਿਕ ਧਰਮ ਪੁਸਤਕਾਂ) ਪੜ੍ਹਦੇ ਹਨ (ਤੇ ਇਸ ਕਾਰਨ ਆਪਣੇ ਆਪ ਨੂੰ) ਪੰਡਿਤ ਵਿਦਵਾਨ ਅਖਵਾਂਦੇ ਹਨ।

5224	128	ਦੂਜੈ ਭਾਇ ਮਹਾ ਦੁਖੁ ਪਾਵਹਿ॥		Dhoojai Bhaae Mehaa Dhukh Paavehi ||	But they are in love with duality, and they suffer in terrible pain.	(ਪਰ ਫਿਰ ਭੀ ਉਹ) ਮਾਇਆ ਦੇ ਪਿਆਰ ਵਿਚ (ਟਿਕੇ ਰਹਿੰਦੇ ਹਨ, ਧਰਮ-ਪੁਸਤਕਾਂ ਪੜ੍ਹਦੇ ਹੋਏ ਭੀ ਹਉਮੈ ਆਦਿਕ ਦਾ) ਵੱਡਾ ਦੁੱਖ ਸਹਿੰਦੇ ਰਹਿੰਦੇ ਹਨ।
5225	128	ਬਿਖਿਆ ਮਾਤੇ ਕਿਛੁ ਸੂਝੈ ਨਾਹੀ ਫਿਰਿ ਫਿਰਿ ਜੂਨੀ ਆਵਣਿਆ॥੧॥	(ਮੱਤੇ) ਮਸਤ ਹੋਏ	Bikhiaa Maathae Kishh Soojhai Naahee Fir Fir Joonee Aavaniaa ||1||	Intoxicated with vice, they understand nothing at all. They are reincarnated, over and over again. ||1||	ਮਾਇਆ ਦੇ ਮੋਹ ਵਿਚ ਮਸਤ ਰਹਿਣ ਕਰਕੇ ਉਹਨਾਂ ਨੂੰ (ਆਤਮਕ ਜੀਵਨ ਦੀ) ਕੁਝ ਭੀ ਸਮਝ ਨਹੀਂ ਪੈਂਦੀ, ਉਹ ਮੁੜ ਮੁੜ ਜੂਨਾਂ ਵਿਚ ਪਏ ਰਹਿੰਦੇ ਹਨ ॥੧॥
5226	128	ਹਉ ਵਾਰੀ ਜੀਉ ਵਾਰੀ ਹਉਮੈ ਮਾਰਿ ਮਿਲਾਵਣਿਆ॥		Ho Vaaree Jeeo Vaaree Houmai Maar Milaavaniaa ||	I am a sacrifice, my soul is a sacrifice, to those who subdue their ego, and unite with the Lord.	(ਹੇ ਭਾਈ!) ਮੈਂ ਤਾਂ ਉਹਨਾਂ ਮਨੁੱਖਾਂ ਤੋਂ ਸਦਾ ਸਦਕੇ ਕੁਰਬਾਨ ਜਾਂਦਾ ਹਾਂ, ਜੇਹੜੇ ਹਉਮੈ ਦੂਰ ਕਰ ਕੇ (ਗੁਰੂ-ਚਰਨਾਂ ਵਿਚ) ਮਿਲੇ ਰਹਿੰਦੇ ਹਨ।
5227	128	ਗੁਰ ਸੇਵਾ ਤੇ ਹਰਿ ਮਨਿ ਵਸਿਆ ਹਰਿ ਰਸੁ ਸਹਜਿ ਪੀਆਵਣਿਆ॥੧॥ਰਹਾਉ॥		Gur Saevaa Thae Har Man Vasiaa Har Ras Sehaj Peeaavaniaa ||1|| Rehaao ||	They serve the Guru, and the Lord dwells within their minds; they intuitively drink in the sublime essence of the Lord. ||1||Pause||	ਗੁਰੂ ਦੀ ਸਰਨ ਪੈਣ ਦੇ ਕਾਰਨ ਪਰਮਾਤਮਾ ਉਹਨਾਂ ਦੇ ਮਨ ਵਿਚ ਆ ਵੱਸਦਾ ਹੈ, ਆਤਮਕ ਅਡੋਲਤਾ ਵਿਚ ਟਿਕ ਕੇ ਉਹ ਪਰਮਾਤਮਾ ਦੇ ਮਿਲਾਪ ਦਾ ਆਨੰਦ ਮਾਣਦੇ ਹਨ ॥੧॥ ਰਹਾਉ ॥

5228	128	ਵੇਦੁ ਪੜਹਿ ਹਰਿ ਰਸੁ ਨਹੀ ਆਇਆ॥		Vaedh Parrehi Har Ras Nehee Aaeiaa ||	The Pandits read the Vedas, but they do not obtain the Lord's essence.	(ਆਪਣੇ ਆਪ ਨੂੰ ਪੰਡਿਤ ਅਖਵਾਣ ਵਾਲੇ ਲੋਕ) ਵੇਦ (ਤਾਂ) ਪੜ੍ਹਦੇ ਹਨ, (ਪਰ) ਉਹਨਾਂ ਨੂੰ ਪਰਮਾਤਮਾ ਦੇ ਮਿਲਾਪ ਦਾ ਆਨੰਦ ਨਹੀਂ ਆਉਂਦਾ।
5229	128	ਵਾਦੁ ਵਖਾਣਹਿ ਮੋਹੇ ਮਾਇਆ॥	(ਵਾਦੁ) ਝਗੜੇ ਦੀਆਂ ਗੱਲਾਂ (ਵਖਾਣਹਿ) ਕਥਨ ਕਰਦੇ ਹਨ	Vaadh Vakhaanehi Mohae Maaeiaa ||	Intoxicated with Maya, they argue and debate.	(ਵੇਦ ਆਦਿਕ ਪੜ੍ਹ ਕੇ ਤਾਂ ਉਹ ਸਿਰਫ਼ ਕੋਈ ਨਾ ਕੋਈ) ਧਰਮ-ਚਰਚਾ, ਬਹਸ ਹੀ (ਹੋਰਨਾਂ ਨੂੰ) ਸੁਣਾਂਦੇ ਹਨ (ਆਪ ਉਹ) ਮਾਇਆ ਦੇ ਮੋਹ ਵਿਚ ਹੀ ਟਿਕੇ ਰਹਿੰਦੇ ਹਨ।
5230	128	ਅਗਿਆਨ ਮਤੀ ਸਦਾ ਅੰਧਿਆਰਾ ਗੁਰਮੁਖਿ ਬੂਝਿ ਹਰਿ ਗਾਵਣਿਆ॥੨॥		Agiaanamathee Sadhaa Andhhiaaraa Guramukh Boojh Har Gaavaniaa ||2||	The foolish intellectuals are forever in spiritual darkness. The Gurmukhs understand, and sing the Glorious Praises of the Lord. ||2||	ਉਹਨਾਂ ਦੀ ਆਪਣੀ ਮਤਿ ਬੇਸਮਝੀ ਵਾਲੀ ਹੀ ਰਹਿੰਦੀ ਹੈ, ਉਹਨਾਂ ਦੇ ਅੰਦਰ ਮਾਇਆ ਦੇ ਮੋਹ ਦਾ ਹਨੇਰਾ ਟਿਕਿਆ ਰਹਿੰਦਾ ਹੈ। ਗੁਰੂ ਦੀ ਸਰਨ ਪੈਣ ਵਾਲੇ ਮਨੁੱਖ (ਹੀ ਗੁਰੂ ਪਾਸੋਂ) ਮਤਿ ਲੈ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰ ਸਕਦੇ ਹਨ ॥੨॥
5231	128	ਅਕਥੋ ਕਥੀਐ ਸਬਦਿ ਸੁਹਾਵੈ॥	(ਸੁਹਾਵੈ) ਸੋਭਨੀਕ, ਸੋਹਣੇ। ਅ-ਕਥੋ: ਪੋਲਾ ਬੋਲੋ	Akathho Kathheeai Sabadh Suhaavai ||	The Indescribable is described only through the beauteous Word of the Shabad.	(ਜਿਸ ਹਿਰਦੇ ਵਿਚ) ਅਕੱਥ ਪਰਮਾਤਮਾ ਦੀ ਸਿਫ਼ਤ-ਸਾਲਾਹ ਹੁੰਦੀ ਰਹੇ, (ਉਸ ਹਿਰਦੇ ਵਿਚ) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਪਰਮਾਤਮਾ) ਸੋਹਣਾ ਲੱਗਣ ਲੱਗ ਪੈਂਦਾ ਹੈ।

5232	128	ਗੁਰਮਤੀ ਮਨਿ ਸਚੋ ਭਾਵੈ॥		Guramathee Man Sacho Bhaavai ||	Through the Guru's Teachings, the Truth becomes pleasing to the mind.	ਗੁਰੂ ਦੇ ਉਪਦੇਸ਼ ਨਾਲ ਸਦਾ-ਥਿਰ ਪ੍ਰਭੂ (ਮਨੁੱਖ ਦੇ) ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ।
5233	128	ਸਚੋ ਸਚੁ ਰਵਹਿ ਦਿਨੁ ਰਾਤੀ ਇਹੁ ਮਨੁ ਸਚਿ ਰੰਗਾਵਣਿਆ॥੩॥	(ਰਵਹਿ) ਸਿਮਰਦੇ	Sacho Sach Ravehi Dhin Raathee Eihu Man Sach Rangaavaniaa ||3||	Those who speak of the truest of the true, day and night-their minds are imbued with the Truth. ||3||	(ਗੁਰੂ ਦੀ ਸਰਨ ਪੈਣ ਵਾਲੇ ਮਨੁੱਖ) ਦਿਨ ਰਾਤ ਸਦਾ-ਥਿਰ ਪਰਮਾਤਮਾ ਨੂੰ ਹੀ ਸਿਮਰਦੇ ਰਹਿੰਦੇ ਹਨ, (ਉਹਨਾਂ ਦਾ) ਇਹ ਮਨ ਸਦਾ-ਥਿਰ ਪ੍ਰਭੂ (ਦੇ ਪ੍ਰੇਮ ਰੰਗ) ਵਿਚ ਰੰਗਿਆ ਰਹਿੰਦਾ ਹੈ ॥੩॥
5234	128	ਜੋ ਸਚਿ ਰਤੇ ਤਿਨ ਸਚੋ ਭਾਵੈ॥		Jo Sach Rathae Thin Sacho Bhaavai ||	Those who are attuned to Truth, love the Truth.	ਜੇਹੜੇ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ (ਦੇ ਪ੍ਰੇਮ ਰੰਗ) ਵਿਚ ਰੰਗੇ ਰਹਿੰਦੇ ਹਨ, ਉਹਨਾਂ ਨੂੰ ਉਹ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਪਿਆਰਾ ਲੱਗਦਾ ਹੈ।
5235	128	ਆਪੇ ਦੇਇ ਨ ਪਛੋਤਾਵੈ॥		Aapae Dhaee N Pashhothaavai ||	The Lord Himself bestows this gift; He shall not take it back.	(ਇਹ ਦਾਤ ਪਰਮਾਤਮਾ) ਆਪ ਹੀ (ਉਹਨਾਂ ਨੂੰ) ਦੇਂਦਾ ਹੈ, (ਇਹ ਦਾਤ ਦੇ ਕੇ ਉਹ) ਪਛੁਤਾਂਦਾ ਨਹੀਂ।
5236	128	ਗੁਰ ਕੈ ਸਬਦਿ ਸਦਾ ਸਚੁ ਜਾਤਾ ਮਿਲਿ ਸਚੇ ਸੁਖੁ ਪਾਵਣਿਆ॥੪॥		Gur Kai Sabadh Sadhaa Sach Jaathaa Mil Sachae Sukh Paavaniaa ||4||	Through the Word of the Guru's Shabad, the True Lord is known forever; meeting the True One, peace is found. ||4||	(ਕਿਉਂਕਿ ਇਸ ਦਾਤ ਦੀ ਬਰਕਤਿ ਨਾਲ) ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਸਦਾ-ਥਿਰ ਪ੍ਰਭੂ ਨਾਲ ਡੂੰਘੀ ਸਾਂਝ ਪਾਈ ਰੱਖਦੇ ਹਨ, ਤੇ ਸਦਾ-ਥਿਰ ਪ੍ਰਭੂ (ਦੇ ਚਰਨਾਂ) ਵਿਚ ਮਿਲ ਕੇ ਆਤਮਕ ਆਨੰਦ ਮਾਣਦੇ ਹਨ ॥੪॥

5237	128	ਕੂੜੁ ਕੁਸਤੁ ਤਿਨਾ ਮੈਲੁ ਨ ਲਾਗੈ॥	ਕੁ-ਸੱਤੁ	Koorr Kusath Thinaa Mail N Laagai ||	The filth of fraud and falsehood does not stick to those who,	(ਅਜੇਹੇ ਮਨੁੱਖਾਂ ਦੇ ਹਿਰਦੇ ਨੂੰ) ਝੂਠ ਪੋਹ ਨਹੀਂ ਸਕਦਾ, ਠੱਗੀ ਪੋਹ ਨਹੀਂ ਸਕਦੀ, ਵਿਕਾਰਾਂ ਦੀ ਮੈਲ ਨਹੀਂ ਲੱਗਦੀ।
5238	128	ਗੁਰ ਪਰਸਾਦੀ ਅਨ ਦਿਨੁ ਜਾਗੈ॥		Gur Parasaadhee Anadhin Jaagai ||	By Guru's Grace, remain awake and aware, night and day.	ਉਹ ਗੁਰੂ ਦੀ ਕਿਰਪਾ ਨਾਲ ਹਰ ਵੇਲੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ।
5239	128	ਨਿਰਮਲ ਨਾਮੁ ਵਸੈ ਘਟ ਭੀਤਰਿ ਜੋਤੀ ਜੋਤਿ ਮਿਲਾਵਣਿਆ॥੫॥	(ਘਟ) ਹਿਰਦੇ (ਭੀਤਰਿ) ਅੰਦਰ	Niramal Naam Vasai Ghatt Bheethar Jothee Joth Milaavaniaa ||5||	The Immaculate Naam, the Name of the Lord, abides deep within their hearts; their light merges into the Light. ||5||	ਜਿਸ ਮਨੁੱਖ ਦੇ ਹਿਰਦੇ ਵਿਚ ਪਵਿਤ੍ਰ-ਸਰੂਪ ਪਰਮਾਤਮਾ ਦਾ ਨਾਮ ਵੱਸਦਾ ਹੈ, ਉਸ ਦੀ ਸੁਰਤ ਪਰਮਾਤਮਾ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ ॥੫॥
5240	128	ਤ੍ਰੈ ਗੁਣ ਪੜਹਿ ਹਰਿ ਤਤੁ ਨ ਜਾਣਹਿ॥	(ਤਤੁ) ਸਦਾ ਸੱਚ ਸਰੂਪ ਹਰਿ ਜੀ। ਪੜ੍ਹਹਿ	Thrai Gun Parrehi Har Thath N Jaanehi ||	They read about the three qualities, but they do not know the essential reality of the Lord.	ਜਿਹੜੇ ਸਦਾ ਤ੍ਰਿਗੁਣੀ ਮਾਇਆ ਦੇ ਲੇਖੇ ਹੀ ਪੜ੍ਹਦੇ ਰਹਿੰਦੇ ਹਨ, ਉਹ (ਜਗਤ ਦੇ) ਮੂਲ-ਪਰਮਾਤਮਾ (ਦੀ ਯਾਦ) ਤੋਂ ਖੁੰਝੇ ਰਹਿੰਦੇ ਹਨ।
5241	128	ਮੂਲਹੁ ਭੁਲੇ ਗੁਰ ਸਬਦੁ ਨ ਪਛਾਣਹਿ॥	(ਮੂਲਹੁ) ਮੂਲ ਵਾਹਿਗੁਰੂ ਜੀ ਤੋਂ	Moolahu Bhulae Gur Sabadh N Pashhaanehi ||	They forget the Primal Lord, the Source of all, and they do not recognize the Word of the Guru's Shabad.	ਉਹ (ਮਨੁੱਖ ਜਗਤ ਦੇ) ਮੂਲ-ਪਰਮਾਤਮਾ (ਦੀ ਯਾਦ) ਤੋਂ ਖੁੰਝੇ ਰਹਿੰਦੇ ਹਨ, ਜੋ ਗੁਰੂ ਦੇ ਸ਼ਬਦ ਨਾਲ ਸਾਂਝ ਨਹੀਂ ਪਾਂਦੇ।

5242	128	ਮੋਹ ਬਿਆਪੇ ਕਿਛੁ ਸੂਝੈ ਨਾਹੀ ਗੁਰ ਸਬਦੀ ਹਰਿ ਪਾਵਣਿਆ॥੬॥		Moh Biaapae Kishh Soojhai Naahee Gur Sabadhee Har Paavaniaa ||6||	They are engrossed in emotional attachment; they do not understand anything at all. Through the Word of the Guru's Shabad, the Lord is found. ||6||	ਮਾਇਆ ਦੇ ਮੋਹ ਵਿਚ ਗ਼ਲਤਾਨ ਉਹਨਾਂ ਮਨੁੱਖਾਂ ਨੂੰ (ਪਰਮਾਤਮਾ ਦੀ ਭਗਤੀ ਕਰਨ ਬਾਰੇ) ਕੁਝ ਭੀ ਨਹੀਂ ਸੁੱਝਦਾ। (ਹੇ ਭਾਈ!) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਹੀ ਪਰਮਾਤਮਾ ਦੀ ਪ੍ਰਾਪਤੀ ਹੋ ਸਕਦੀ ਹੈ ॥੬॥
5243	128	ਵੇਦੁ ਪੁਕਾਰੈ ਤ੍ਰਿਬਿਧਿ ਮਾਇਆ॥		Vaedh Pukaarai Thribidhh Maaeiaa ||	The Vedas proclaim that Maya is of three qualities.	(ਪੰਡਿਤ) ਵੇਦ (ਆਦਿਕ ਧਰਮ-ਪੁਸਤਕ) ਨੂੰ ਉੱਚੀ ਉੱਚੀ ਪੜ੍ਹਦਾ ਹੈ, (ਪਰ ਉਸ ਦੇ ਅੰਦਰ) ਤ੍ਰਿਗੁਣੀ ਮਾਇਆ (ਦਾ ਪ੍ਰਭਾਵ ਬਣਿਆ ਰਹਿੰਦਾ ਹੈ)।
5244	128	ਮਨਮੁਖ ਨ ਬੂਝਹਿ ਦੂਜੈ ਭਾਇਆ॥		Manamukh N Boojhehi Dhoojai Bhaaeiaa ||	The self-willed manmukhs, in love with duality, do not understand.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਆਤਮਕ ਜੀਵਨ ਨੂੰ) ਨਹੀਂ ਸਮਝਦੇ (ਉਹਨਾਂ ਦਾ ਮਨ) ਮਾਇਆ ਦੇ ਪਿਆਰ ਵਿਚ ਹੀ (ਟਿਕਿਆ ਰਹਿੰਦਾ ਹੈ)।
5245	128	ਤ੍ਰੈ ਗੁਣ ਪੜਹਿ ਹਰਿ ਏਕੁ ਨ ਜਾਣਹਿ ਬਿਨੁ ਬੂਝੇ ਦੁਖੁ ਪਾਵਣਿਆ॥੭॥		Thrai Gun Parrehi Har Eaek N Jaanehi Bin Boojhae Dhukh Paavaniaa ||7||	They read of the three qualities, but they do not know the One Lord. Without understanding, they obtain only pain and suffering. ||7||	ਉਹ (ਇਹਨਾਂ ਧਰਮ-ਪੁਸਤਕਾਂ ਨੂੰ) ਤ੍ਰਿਗੁਣੀ ਮਾਇਆ (ਕਮਾਣ) ਦੀ ਖ਼ਾਤਰ ਪੜ੍ਹਦੇ ਹਨ, ਇੱਕ ਪਰਮਾਤਮਾ ਨਾਲ ਸਾਂਝ ਨਹੀਂ ਪਾਂਦੇ (ਧਰਮ-ਪੁਸਤਕਾਂ ਪੜ੍ਹਦੇ ਹੋਏ ਭੀ ਇਸ ਭੇਤ ਨੂੰ) ਸਮਝਣ ਤੋਂ ਬਿਨਾ ਦੁੱਖ (ਹੀ) ਪਾਂਦੇ ਰਹਿੰਦੇ ਹਨ ॥੭॥

5246	128	ਜਾ ਤਿਸੁ ਭਾਵੈ ਤਾ ਆਪਿ ਮਿਲਾਏ॥		Jaa This Bhaavai Thaa Aap Milaaeae ||	When it pleases the Lord, He unites us with Himself.	(ਪਰ ਜੀਵਾਂ ਦੇ ਵੀ ਕੀਹ ਵੱਸ?) ਜਦੋਂ ਪਰਮਾਤਮਾ ਦੀ ਆਪਣੀ ਰਜ਼ਾ ਹੁੰਦੀ ਹੈ, ਤਦੋਂ ਉਹ ਆਪ (ਹੀ ਜੀਵਾਂ ਨੂੰ ਆਪਣੇ ਚਰਨਾਂ ਵਿਚ) ਮਿਲਾਂਦਾ ਹੈ,
5247	128	ਗੁਰ ਸਬਦੀ ਸਹਸਾ ਦੂਖੁ ਚੁਕਾਏ॥	(ਸਹਸਾ) ਭਰਮ	Gur Sabadhee Sehasaa Dhookh Chukaaeae ||	Through the Word of the Guru's Shabad, skepticism and suffering are dispelled.	ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦਾ ਸਹਮ ਤੇ ਦੁੱਖ ਦੂਰ ਕਰਦਾ ਹੈ।
5248	128	ਨਾਨਕ ਨਾਵੈ ਕੀ ਸਚੀ ਵਡਿਆਈ ਨਾਮੋ ਮੰਨਿ ਸੁਖੁ ਪਾਵਣਿਆ॥੮॥੩੦॥੩੧॥		Naanak Naavai Kee Sachee Vaddiaaee Naamo Mann Sukh Paavaniaa ||8||30||31||	O Nanak, True is the Greatness of the Name. Believing in the Name, peace is obtained. ||8||30||31||	ਹੇ ਨਾਨਕ! ਜਿਸ ਮਨੁੱਖ ਨੂੰ ਪਰਮਾਤਮਾ ਆਪਣਾ ਨਾਮ ਸਿਮਰਨ ਦੀ ਸਦਾ-ਥਿਰ ਰਹਿਣ ਵਾਲੀ ਇੱਜ਼ਤ ਦੇਂਦਾ ਹੈ, ਉਹ ਮਨੁੱਖ ਪ੍ਰਭੂ ਦਾ ਨਾਮ ਸਿਮਰਨ ਨੂੰ ਹੀ (ਜੀਵਨ ਮਨੋਰਥ) ਮੰਨ ਕੇ ਆਤਮਕ ਆਨੰਦ ਮਾਣਦਾ ਹੈ ॥੮॥੩੦॥੩੧॥
5249	128	ਮਾਝ ਮਹਲਾ ੩॥		Maajh Mehalaa 3 ||	Maajh, Third Mehl:	

5250	128	ਨਿਰਗੁਣੁ ਸਰਗੁਣੁ ਆਪੇ ਸੋਈ॥	ਕ੍ਰੋੜਾਂ ਬ੍ਰਹਮੰਡਾਂ ਦੇ ਪਸਾਰੇ, ਆਪਣੇ ਸਰਗੁਣੁ ਸਰੂਪ ਚ ਵਸ ਕੇ, ਇਸ ਨੂੰ ਆਪਣੇ ਆਸਰੇ ਟਿਕਾ ਕੇ, ਇਸ ਸਰਗੁਣੁ ਸਮੇਤ, ਸਤਿ ਸੰਤੋਖ ਨਿਮ੍ਰਤਾ ਗ੍ਰੀਬੀ ਖਿਮਾ ਸਹਨਸੀਲਤਾ ਧੀਰਜ ਅਨੰਤ ਗੁਣਾਂ ਦੇ ਅਨਤ ਕਲਾਵਾਨ ਤੇਜ਼ ਪ੍ਰਕਾਸ਼ ਸਹਿਤ, ਹਰ ਪ੍ਰਾਣੀ ਦੇ ਅੰਦਰ ਬਾਹਰ ਹਰ ਸਮੇਂ ਅਜਪਾ ਜਾਪ ਕਰ ਰਹੇ, ਭਰਪੂਰ ਪ੍ਰਕਾਸ਼ਕ ਨਿਰਗੁਣੁ ਬ੍ਰਹਮਜੀ	Niragun Saragun Aapae Soee ||	The Lord Himself is Unmanifest and Unrelated; He is Manifest and Related as well.	ਉਹ ਪਰਮਾਤਮਾ ਆਪ ਹੀ ਉਸ ਸਰੂਪ ਵਾਲਾ ਹੈ ਜਿਸ ਵਿਚ ਮਾਇਆ ਦੇ ਤਿੰਨ ਗੁਣਾਂ ਦਾ ਲੇਸ਼ ਨਹੀਂ ਹੁੰਦਾ, ਆਪ ਹੀ ਉਸ ਸਰੂਪ ਵਾਲਾ ਹੈ ਜਿਸ ਵਿਚ ਮਾਇਆ ਦੇ ਤਿੰਨ ਗੁਣ ਮੌਜੂਦ ਹਨ (ਆਕਾਰ ਤੋਂ ਰਹਿਤ ਭੀ ਆਪ ਹੀ ਹੈ, ਤੇ ਇਹ ਦਿੱਸਦਾ ਆਕਾਰ ਰੂਪ ਭੀ ਆਪ ਹੀ ਹੈ)।
5251	128	ਤਤੁ ਪਛਾਣੈ ਸੋ ਪੰਡਿਤੁ ਹੋਈ॥	(ਤਤੁ) ਮੂਲ ਭਾਵ ਨਿਰਗੁਣੁ ਸਰਗੁਣੁ ਵਾਹਿਗੁਰੂ ਜੀ	Thath Pashhaanai So Panddith Hoee ||	Those who recognize this essential reality are the true Pandits, the spiritual scholars.	ਜੇਹੜਾ ਮਨੁੱਖ ਉਸ ਅਸਲੇ ਨੂੰ ਪਛਾਣਦਾ ਹੈ (ਉਸ ਅਸਲੇ ਨਾਲ ਸਾਂਝ ਪਾਂਦਾ ਹੈ), ਉਹ ਪੰਡਿਤ ਬਣ ਜਾਂਦਾ ਹੈ।
5252	128	ਆਪਿ ਤਰੈ ਸਗਲੇ ਕੁਲ ਤਾਰੈ ਹਰਿ ਨਾਮੁ ਮੰਨਿ ਵਸਾਵਣਿਆ॥੧॥		Aap Tharai Sagalae Kul Thaarai Har Naam Mann Vasaavaniaa ||1||	They save themselves, and save all their families and ancestors as well, when they enshrine the Lord's Name in the mind. ||1||	ਉਹ ਮਨੁੱਖ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ, ਅਪਣੀਆਂ ਸਾਰੀਆਂ ਕੁਲਾਂ ਨੂੰ ਭੀ ਪਾਰ ਲੰਘਾ ਲੈਂਦਾ ਹੈ, ਉਹ ਸਦਾ ਪਰਮਾਤਮਾ ਦੇ ਨਾਮ ਨੂੰ ਆਪਣੇ ਮਨ ਵਿਚ ਵਸਾਈ ਰੱਖਦਾ ਹੈ ॥੧॥

5253	128	ਹਉ ਵਾਰੀ ਜੀਉ ਵਾਰੀ ਹਰਿ ਰਸੁ ਚਖਿ ਸਾਦੁ ਪਾਵਣਿਆ॥		Ho Vaaree Jeeo Vaaree Har Ras Chakh Saadh Paavaniaa ||	I am a sacrifice, my soul is a sacrifice, to those who taste the essence of the Lord, and savor its taste.	ਮੈਂ ਉਹਨਾਂ ਮਨੁੱਖਾਂ ਤੋਂ ਸਦਾ ਕੁਰਬਾਨ ਜਾਂਦਾ ਹਾਂ ਜੇਹੜੇ ਪਰਮਾਤਮਾ ਦੇ ਨਾਮ ਦਾ ਰਸ ਚੱਖ ਕੇ (ਉਸ ਦਾ ਆਤਮਕ) ਆਨੰਦ ਮਾਣਦੇ ਹਨ।
5254	128	ਹਰਿ ਰਸੁ ਚਾਖਹਿ ਸੇ ਜਨ ਨਿਰਮਲ ਨਿਰਮਲ ਨਾਮੁ ਧਿਆਵਣਿਆ॥੧॥ਰਹਾਉ॥		Har Ras Chaakhehi Sae Jan Niramal Niramal Naam Dhhiaavaniaa ||1|| Rehaao ||	Those who taste this essence of the Lord are the pure, immaculate beings. They meditate on the Immaculate Naam, the Name of the Lord. ||1||Pause||	ਜੇਹੜੇ ਮਨੁੱਖ ਹਰਿ-ਨਾਮ ਦਾ ਰਸ ਚੱਖਦੇ ਹਨ, ਉਹ ਪਵਿਤ੍ਰ ਆਤਮਾ ਹੋ ਜਾਂਦੇ ਹਨ, ਉਹ ਪਵਿਤ੍ਰ ਪ੍ਰਭੂ ਦਾ ਨਾਮ ਸਦਾ ਸਿਮਰਦੇ ਹਨ ॥੧॥ ਰਹਾਉ ॥
5255	128	ਸੋ ਨਿਹਕਰਮੀ ਜੋ ਸਬਦੁ ਬੀਚਾਰੇ॥	(ਨਿਹ-ਕਰਮੀ) ਨਿਰਲੇਪ, ਨਿਸਕਾਮੀ	So Nihakaramee Jo Sabadh Beechaarae ||	Those who reflect upon the Shabad are beyond karma.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਮਨ ਵਿਚ ਵਸਾਂਦਾ ਹੈ ਉਹ ਦੁਨੀਆ ਦਾ ਕਾਰ-ਵਿਹਾਰ ਵਾਸਨਾ ਰਹਿਤ ਹੋ ਕੇ ਕਰਦਾ ਹੈ,
5256	128	ਅੰਤਰਿ ਤਤੁ ਗਿਆਨਿ ਹਉਮੈ ਮਾਰੇ॥		Anthar Thath Giaan Houmai Maarae ||	They subdue their ego, and find the essence of wisdom, deep within their being.	ਉਸ ਦੇ ਅੰਦਰ ਜਗਤ ਦਾ ਮੂਲ ਪ੍ਰਭੂ ਪਰਗਟ ਹੋ ਜਾਂਦਾ ਹੈ, ਉਹ (ਗੁਰੂ ਦੇ ਬਖ਼ਸ਼ੇ) ਗਿਆਨ ਦੀ ਸਹਾਇਤਾ ਨਾਲ (ਆਪਣੇ ਅੰਦਰੋਂ) ਹਉਮੈ ਦੂਰ ਕਰ ਲੈਂਦਾ ਹੈ।

5257	128	ਨਾਮੁ ਪਦਾਰਥੁ ਨਉ ਨਿਧਿ ਪਾਏ ਤ੍ਰੈ ਗੁਣ ਮੇਟਿ ਸਮਾਵਣਿਆ॥੨॥	(ਤ੍ਰੈ ਗੁਣ) ਰਜੋ ਤਮੋ ਸਤੋ ਗੁਣ	Naam Padhaarathh No Nidhh Paaeae Thrai Gun Maett Samaavaniaa ||2||	They obtain the nine treasures of the wealth of the Naam. Rising above the three qualities, they merge into the Lord. ||2||	ਉਹ ਪਰਮਾਤਮਾ ਦਾ ਨਾਮ ਖ਼ਜ਼ਾਨਾ ਲੱਭ ਲੈਂਦਾ ਹੈ (ਜੋ ਉਸਦੇ ਵਾਸਤੇ ਦੁਨੀਆ ਦੇ) ਨੌ ਖ਼ਜ਼ਾਨੇ (ਹੀ ਹੈ)। (ਇਸ ਨਾਮ ਪਦਾਰਥ ਦੀ ਬਰਕਤਿ ਨਾਲ) ਉਹ ਮਾਇਆ ਦੇ ਤਿੰਨ ਗੁਣਾਂ ਦਾ ਪ੍ਰਭਾਵ ਮਿਟਾ ਕੇ (ਪ੍ਰਭੂ ਚਰਨਾਂ ਵਿਚ) ਲੀਨ ਰਹਿੰਦਾ ਹੈ ॥੨॥
5258	128	ਹਉਮੈ ਕਰੈ ਨਿਹਕਰਮੀ ਨ ਹੋਵੈ॥		Houmai Karai Nihakaramee N Hovai ||	Those who act in ego do not go beyond karma.	ਜੇਹੜਾ ਮਨੁੱਖ 'ਮੈਂ ਕਰਦਾ ਹਾਂ ਮੈਂ ਕਰਦਾ ਹਾਂ' ਦੀ ਰਟ ਲਗਾਈ ਰੱਖਦਾ ਹੈ, ਉਹ ਵਾਸਨਾ ਰਹਿਤ ਨਹੀਂ ਹੋ ਸਕਦਾ।
5259	128	ਗੁਰ ਪਰਸਾਦੀ ਹਉਮੈ ਖੋਵੈ॥		Gur Parasaadhee Houmai Khovai ||	It is only by Guru's Grace that one is rid of ego.	ਗੁਰੂ ਦੀ ਕਿਰਪਾ ਨਾਲ ਹੀ (ਕੋਈ ਵਿਰਲਾ ਮਨੁੱਖ) ਹਉਮੈ ਦੂਰ ਕਰ ਸਕਦਾ ਹੈ।
5260	128	ਅੰਤਰਿ ਬਿਬੇਕੁ ਸਦਾ ਆਪੁ ਵੀਚਾਰੇ ਗੁਰ ਸਬਦੀ ਗੁਣ ਗਾਵਣਿਆ॥੩॥	(ਬਿਬੇਕੁ) ਸੱਤ ਅਸੱਤ ਦਾ ਨਿਰਣਾ	Anthar Bibaek Sadhaa Aap Veechaarae Gur Sabadhee Gun Gaavaniaa ||3||	Those who have discriminating minds, continually examine their own selves. Through the Word of the Guru's Shabad, they sing the Lord's Glorious Praises. ||3||	(ਜੇਹੜਾ ਮਨੁੱਖ ਹਉਮੈ ਦੂਰ ਕਰ ਲੈਂਦਾ ਹੈ) ਉਸ ਦੇ ਅੰਦਰ ਚੰਗੇ ਮੰਦੇ ਕੰਮ ਦੀ ਪਰਖ ਦੀ ਸੂਝ ਪੈਦਾ ਹੋ ਜਾਂਦੀ ਹੈ, ਉਹ ਸਦਾ ਆਪਣੇ ਆਤਮਕ ਜੀਵਨ ਨੂੰ ਵਿਚਾਰਦਾ ਰਹਿੰਦਾ ਹੈ ॥੩॥

5261	128	ਹਰਿ ਸਰੁ ਸਾਗਰੁ ਨਿਰਮਲੁ ਸੋਈ॥	(ਸਰੁ) ਚੰਗੇ ਗੁਣਾਂ ਨਾਲ ਭਰਪੂਰ ਸਾਗਰੁ	Har Sar Saagar Niramal Soee ||	The Lord is the most pure and sublime Ocean.	(ਹੇ ਭਾਈ!) ਉਹ ਪਰਮਾਤਮਾ ਹੀ ਪਵਿਤ੍ਰ ਮਾਨਸਰੋਵਰ ਹੈ ਪਵਿਤ੍ਰ ਸਮੁੰਦਰ ਹੈ (ਪਵਿਤ੍ਰ ਤੀਰਥ ਹੈ),
5262	128	ਸੰਤ ਚੁਗਹਿ ਨਿਤ ਗੁਰਮੁਖਿ ਹੋਈ॥		Santh Chugehi Nith Guramukh Hoee ||	The Saintly Gurmukhs continually peck at the Naam, like swans pecking at pearls in the ocean.	ਸੰਤ ਜਨ ਗੁਰੂ ਦੀ ਸਰਨ ਪੈ ਕੇ (ਉਸ ਵਿਚੋਂ) ਸਦਾ (ਪ੍ਰਭੂ ਨਾਮ-ਮੋਤੀ) ਚੁਗਦੇ ਰਹਿੰਦੇ ਹਨ।
5263	128	ਇਸਨਾਨੁ ਕਰਹਿ ਸਦਾ ਦਿਨੁ ਰਾਤੀ ਹਉਮੈ ਮੈਲੁ ਚੁਕਾਵਣਿਆ॥੪॥		Eisanaan Karehi Sadhaa Dhin Raathee Houmai Mail Chukaavaniaa ||4||	They bathe in it continually, day and night, and the filth of ego is washed away. ||4||	ਸੰਤ ਜਨ ਸਦਾ ਦਿਨ ਰਾਤ (ਉਸ ਸਰੋਵਰ ਵਿਚ) ਇਸ਼ਨਾਨ ਕਰਦੇ ਹਨ, ਤੇ (ਆਪਣੇ ਅੰਦਰੋਂ) ਹਉਮੈ ਦੀ ਮੈਲ ਉਤਾਰਦੇ ਰਹਿੰਦੇ ਹਨ ॥੪॥
5264	128	ਨਿਰਮਲ ਹੰਸਾ ਪ੍ਰੇਮ ਪਿਆਰਿ॥		Niramal Hansaa Praem Piaar ||	The pure swans, with love and affection,	ਉਹ ਮਨੁੱਖ, ਮਾਨੋ, ਸਾਫ਼ ਸੁਥਰਾ ਹੰਸ ਹੈ, ਜੇਹੜਾ ਪ੍ਰਭੂ ਦੇ ਪ੍ਰੇਮ-ਪਿਆਰ ਵਿਚ (ਟਿਕਿਆ ਰਹਿੰਦਾ) ਹੈ।
5265	128	ਹਰਿ ਸਰਿ ਵਸੈ ਹਉਮੈ ਮਾਰਿ॥	(ਹਰਿ ਸਰਿ) ਸਤਸੰਗ ਅਥਵਾ ਬ੍ਰਹਮ ਜੀ ਚ	Har Sar Vasai Houmai Maar ||	Dwell in the Ocean of the Lord, and subdue their ego.	ਉਹ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ ਪਰਮਾਤਮਾ-ਸਰੋਵਰ ਵਿਚ ਵਸੇਬਾ ਰੱਖਦਾ ਹੈ।

5266	129	ਅਹਿ ਨਿਸਿ ਪ੍ਰੀਤਿ ਸਬਦਿ ਸਾਚੈ ਹਰਿ ਸਰਿ ਵਾਸਾ ਪਾਵਣਿਆ॥੫॥		Ahinis Preeth Sabadh Saachai Har Sar Vaasaa Paavaniaa ||5||	Day and night, they are in love with the True Word of the Shabad. They obtain their home in the Ocean of the Lord. ||5||	ਗੁਰੂ ਦੇ ਸ਼ਬਦ ਦੀ ਰਾਹੀਂ ਉਹ ਦਿਨ ਰਾਤ ਸਦਾ-ਥਿਰ ਪਰਮਾਤਮਾ ਵਿਚ ਪ੍ਰੀਤਿ ਪਾਂਦਾ ਹੈ, ਤੇ ਇਸ ਤਰ੍ਹਾਂ ਪਰਮਾਤਮਾ ਸਰੋਵਰ ਵਿਚ ਨਿਵਾਸ ਹਾਸਲ ਕਰੀ ਰੱਖਦਾ ਹੈ ॥੫॥
5267	129	ਮਨਮੁਖੁ ਸਦਾ ਬਗੁ ਮੈਲਾ ਹਉਮੈ ਮਲੁ ਲਾਈ॥	(ਬੱਗੁ) ਬਗਲਾ	Manamukh Sadhaa Bag Mailaa Houmai Mal Laaee ||	The self-willed manmukhs shall always be filthy cranes, smeared with the filth of ego.	ਪਰ ਜੇਹੜਾ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ, ਉਹ, ਮਾਨੋ, ਬਗਲਾ ਹੈ, ਉਹ ਸਦਾ ਮੈਲਾ ਹੈ, ਉਸ ਦੇ ਅੰਦਰ ਹਉਮੈ ਦੀ ਮੈਲ ਲੱਗੀ ਰਹਿੰਦੀ ਹੈ।
5268	129	ਇਸਨਾਨੁ ਕਰੈ ਪਰੁ ਮੈਲੁ ਨ ਜਾਈ॥		Eisanaan Karai Par Mail N Jaaee ||	They may bathe, but their filth is not removed.	(ਉਹ ਤੀਰਥਾਂ ਉੱਤੇ) ਇਸ਼ਨਾਨ (ਭੀ) ਕਰਦਾ ਹੈ ਪਰ (ਇਸ ਤਰ੍ਹਾਂ ਉਸ ਦੀ) ਹਉਮੈ ਦੀ ਮੈਲ ਦੂਰ ਨਹੀਂ ਹੁੰਦੀ।
5269	129	ਜੀਵਤੁ ਮਰੈ ਗੁਰ ਸਬਦੁ ਬੀਚਾਰੈ ਹਉਮੈ ਮੈਲੁ ਚੁਕਾਵਣਿਆ॥੬॥		Jeevath Marai Gur Sabadh Beechaarai Houmai Mail Chukaavaniaa ||6||	One who dies while yet alive, and contemplates the Word of the Guru's Shabad, is rid of this filth of ego. ||6||	ਜੇਹੜਾ ਮਨੁੱਖ ਦੁਨੀਆ ਦੇ ਕਾਰ-ਵਿਹਾਰ ਕਰਦਾ ਹੋਇਆ ਹੀ ਆਪਾ-ਭਾਵ ਵੱਲੋਂ ਮਰਿਆ ਰਹਿੰਦਾ ਹੈ, ਜੇਹੜਾ ਗੁਰੂ ਦੇ ਸ਼ਬਦ ਨੂੰ ਆਪਣੇ ਅੰਦਰ ਟਿਕਾਈ ਰੱਖਦਾ ਹੈ, ਉਹ ਆਪਣੇ ਅੰਦਰੋਂ ਹਉਮੈ ਦੀ ਮੈਲ ਦੂਰ ਕਰ ਲੈਂਦਾ ਹੈ ॥੬॥

5270	129	ਰਤਨੁ ਪਦਾਰਥੁ ਘਰ ਤੇ ਪਾਇਆ॥		Rathan Padhaarathh Ghar Thae Paaeiaa ||	The Priceless Jewel is found, in the home of one's own being,	ਉਸ ਨੇ (ਪ੍ਰਭੂ ਦਾ ਨਾਮ) ਕੀਮਤੀ ਰਤਨ ਆਪਣੇ ਹਿਰਦੇ ਵਿਚੋਂ ਹੀ ਲੱਭ ਲਿਆ,
5271	129	ਪੂਰੈ ਸਤਿਗੁਰਿ ਸਬਦੁ ਸੁਣਾਇਆ॥		Poorai Sathigur Sabadh Sunaaeiaa ||	When one listens to the Shabad, the Word of the Perfect True Guru.	ਜਿਸ ਮਨੁੱਖ ਨੂੰ ਅਭੁੱਲ ਗੁਰੂ ਨੇ (ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ) ਸ਼ਬਦ ਸੁਣਾ ਦਿੱਤਾ।
5272	129	ਗੁਰ ਪਰਸਾਦਿ ਮਿਟਿਆ ਅੰਧਿਆਰਾ ਘਟਿ ਚਾਨਣੁ ਆਪੁ ਪਛਾਨਣਿਆ॥੭॥		Gur Parasaadh Mittiaa Andhhiaaraa Ghatt Chaanan Aap Pashhaananiaa ||7||	By Guru's Grace, the darkness of spiritual ignorance is dispelled; I have come to recognize the Divine Light within my own heart. ||7||	ਗੁਰੂ ਦੀ ਕਿਰਪਾ ਨਾਲ ਉਸ ਦੇ ਅੰਦਰੋਂ (ਅਗਿਆਨਤਾ ਦਾ, ਮਾਇਆ ਦੇ ਮੋਹ ਦਾ) ਹਨੇਰਾ ਮਿਟ ਗਿਆ, ਉਸਦੇ ਹਿਰਦੇ ਵਿਚ (ਆਤਮਕ ਜੀਵਨ ਵਾਲਾ) ਚਾਨਣ ਹੋ ਗਿਆ, ਉਸ ਨੇ ਆਤਮਕ ਜੀਵਨ ਨੂੰ ਪਛਾਣ ਲਿਆ ॥੭॥
5273	129	ਆਪਿ ਉਪਾਏ ਤੈ ਆਪੇ ਵੇਖੈ॥		Aap Oupaaeae Thai Aapae Vaekhai ||	The Lord Himself creates, and He Himself beholds.	(ਹੇ ਭਾਈ!) ਪਰਮਾਤਮਾ ਆਪ (ਸਭ ਜੀਵਾਂ ਨੂੰ) ਪੈਦਾ ਕਰਦਾ ਹੈ ਅਤੇ ਆਪ ਹੀ (ਸਭ ਦੀ) ਸੰਭਾਲ ਕਰਦਾ ਹੈ।
5274	129	ਸਤਿਗੁਰੁ ਸੇਵੈ ਸੋ ਜਨੁ ਲੇਖੈ॥		Sathigur Saevai So Jan Laekhai ||	Serving the True Guru, one becomes acceptable.	ਜੇਹੜਾ ਮਨੁੱਖ ਗੁਰੂ ਦਾ ਆਸਰਾ ਲੈਂਦਾ, ਉਹ (ਪਰਮਾਤਮਾ ਦੀ ਦਰਗਾਹ ਵਿਚ) ਕਬੂਲ ਹੋ ਜਾਂਦਾ ਹੈ।

5275	129	ਨਾਨਕ ਨਾਮੁ ਵਸੈ ਘਟ ਅੰਤਰਿ ਗੁਰ ਕਿਰਪਾ ਤੇ ਪਾਵਣਿਆ॥੮॥੩੧॥੩੨॥		Naanak Naam Vasai Ghatt Anthar Gur Kirapaa Thae Paavaniaa ||8||31||32||	O Nanak, the Naam dwells deep within the heart; by Guru's Grace, it is obtained. ||8||31||32||	ਹੇ ਨਾਨਕ! ਉਸ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ, ਗੁਰੂ ਦੀ ਕਿਰਪਾ ਨਾਲ ਉਹ (ਪਰਮਾਤਮਾ ਦਾ) ਮਿਲਾਪ ਹਾਸਲ ਕਰ ਲੈਂਦਾ ਹੈ ॥੮॥੩੧॥੩੨॥
5276	129	ਮਾਝ ਮਹਲਾ ੩॥		Maajh Mehalaa 3 ||	Maajh, Third Mehl:	
5277	129	ਮਾਇਆ ਮੋਹੁ ਜਗਤੁ ਸਬਾਇਆ॥	(ਸਬਾਇਆ) ਸਾਰਾ। ਜੱਗ-ਤੁ	Maaeiaa Mohu Jagath Sabaaeiaa ||	The whole world is engrossed in emotional attachment to Maya.	ਮਾਇਆ ਦਾ ਮੋਹ ਸਾਰੇ ਜਗਤ ਨੂੰ ਵਿਆਪ ਰਿਹਾ ਹੈ,
5278	129	ਤ੍ਰੈ ਗੁਣ ਦੀਸਹਿ ਮੋਹੇ ਮਾਇਆ॥		Thrai Gun Dheesehi Mohae Maaeiaa ||	Those who are controlled by the three qualities are attached to Maya.	ਸਾਰੇ ਹੀ ਜੀਵ ਤਿੰਨਾਂ ਗੁਣਾਂ ਦੇ ਪ੍ਰਭਾਵ ਹੇਠ ਹਨ, ਮਾਇਆ ਦੇ ਮੋਹੇ ਹੋਏ ਹਨ।
5279	129	ਗੁਰ ਪਰਸਾਦੀ ਕੋ ਵਿਰਲਾ ਬੂਝੈ ਚਉਥੈ ਪਦਿ ਲਿਵ ਲਾਵਣਿਆ॥੧॥		Gur Parasaadhee Ko Viralaa Boojhai Chouthhai Padh Liv Laavaniaa ||1||	By Guru's Grace, a few come to understand; they center their consciousness in the fourth state. ||1||	ਗੁਰੂ ਦੀ ਕਿਰਪਾ ਨਾਲ ਕੋਈ ਵਿਰਲਾ ਮਨੁੱਖ (ਇਸ ਗੱਲ ਨੂੰ) ਸਮਝਦਾ ਹੈ। ਉਹ ਇਹਨਾਂ ਤਿੰਨਾਂ ਗੁਣਾਂ ਦੀ ਮਾਰ ਤੋਂ ਉਤਲੀ ਆਤਮਕ ਅਵਸਥਾ ਵਿਚ ਟਿਕ ਕੇ ਪਰਮਾਤਮਾ ਦੇ ਚਰਨਾਂ ਵਿਚ ਸੁਰਤ ਜੋੜੀ ਰੱਖਦਾ ਹੈ ॥੧॥

5280	129	ਹਉ ਵਾਰੀ ਜੀਉ ਵਾਰੀ ਮਾਇਆ ਮੋਹੁ ਸਬਦਿ ਜਲਾਵਣਿਆ॥		Ho Vaaree Jeeo Vaaree Maaeiaa Mohu Sabadh Jalaavaniaa ||	I am a sacrifice, my soul is a sacrifice, to those who burn away their emotional attachment to Maya, through the Shabad.	ਮੈਂ ਉਹਨਾਂ ਮਨੁੱਖਾਂ ਤੋਂ ਸਦਾ ਸਦਕੇ ਹਾਂ ਕੁਰਬਾਨ ਹਾਂ, ਜੇਹੜੇ ਗੁਰੂ ਦੇ ਸ਼ਬਦ ਵਿਚ ਜੁੜ ਕੇ (ਆਪਣੇ ਅੰਦਰੋਂ) ਮਾਇਆ ਦਾ ਮੋਹ ਸਾੜ ਦੇਂਦੇ ਹਨ।
5281	129	ਮਾਇਆ ਮੋਹੁ ਜਲਾਏ ਸੋ ਹਰਿ ਸਿਉ ਚਿਤੁ ਲਾਏ ਹਰਿ ਦਰਿ ਮਹਲੀ ਸੋਭਾ ਪਾਵਣਿਆ॥੧॥ਰਹਾਉ॥		Maaeiaa Mohu Jalaaeae So Har Sio Chith Laaeae Har Dhar Mehalee Sobhaa Paavaniaa ||1|| Rehaao ||	Those who burn away this attachment to Maya, and focus their consciousness on the Lord are honored in the True Court, and the Mansion of the Lord's Presence. ||1||Pause||	ਜੇਹੜਾ ਮਨੁੱਖ ਮਾਇਆ ਦਾ ਮੋਹ ਸਾੜ ਲੈਂਦਾ ਹੈ, ਉਹ ਪਰਮਾਤਮਾ (ਦੇ ਚਰਨਾਂ) ਨਾਲ ਆਪਣਾ ਚਿਤ ਜੋੜ ਲੈਂਦਾ ਹੈ, ਉਹ ਪਰਮਾਤਮਾ ਦੇ ਦਰ ਤੇ ਪਰਮਾਤਮਾ ਦੀ ਹਜ਼ੂਰੀ ਵਿਚ ਇੱਜ਼ਤ ਪਾਂਦਾ ਹੈ ॥੧॥ ਰਹਾਉ ॥
5282	129	ਦੇਵੀ ਦੇਵਾ ਮੂਲੁ ਹੈ ਮਾਇਆ॥	(ਮੂਲੁ) ਮੱਢ	Dhaevee Dhaevaa Mool Hai Maaeiaa ||	The source, the root, of the gods and goddesses is Maya.	ਇਹ ਮਾਇਆ ਹੀ (ਭਾਵ, ਸੁਖਾਂ ਦੀ ਕਾਮਨਾ ਤੇ ਦੁਖਾਂ ਤੋਂ ਡਰ) ਦੇਵੀਆਂ ਦੇਵਤੇ ਰਚੇ ਜਾਣ ਦਾ ਕਾਰਨ ਹੈ।
5283	129	ਸਿੰਮ੍ਰਿਤਿ ਸਾਸਤ ਜਿੰਨਿ ਉਪਾਇਆ॥	ਸਿੰਮ੍ਰਿਤਿ	Sinmrith Saasath Jinn Oupaaeiaa ||	For them, the Simritees and the Shaastras were composed.	ਇਸ ਮਾਇਆ ਨੇ ਹੀ ਸਿਮ੍ਰਿਤੀਆਂ ਤੇ ਸ਼ਾਸਤ੍ਰ ਪੈਦਾ ਕਰ ਦਿੱਤੇ (ਭਾਵ, ਸੁਖਾਂ ਦੀ ਪ੍ਰਾਪਤੀ ਤੇ ਦੁੱਖਾਂ ਦੀ ਨਿਵਿਰਤੀ ਦੀ ਖ਼ਾਤਰ ਹੀ ਸਿਮ੍ਰਿਤੀਆਂ ਸ਼ਾਸਤ੍ਰਾਂ ਦੀ ਰਾਹੀਂ ਕਰਮ ਕਾਂਡ ਰਚੇ ਗਏ)।

5284	129	ਕਾਮੁ ਕ੍ਰੋਧੁ ਪਸਰਿਆ ਸੰਸਾਰੇ ਆਇ ਜਾਇ ਦੁਖੁ ਪਾਵਣਿਆ॥੨॥		Kaam Krodhh Pasariaa Sansaarae Aae Jaae Dhukh Paavaniaa ||2||	Sexual desire and anger are diffused throughout the universe. Coming and going, people suffer in pain. ||2||	ਸਾਰੇ ਸੰਸਾਰ ਵਿਚ ਸੁਖਾਂ ਦੀ ਲਾਲਸਾ ਤੇ ਦੁਖਾਂ ਤੋਂ ਡਰ ਦਾ ਜਜ਼ਬਾ ਪਸਰ ਰਿਹਾ ਹੈ, ਜਿਸ ਕਰ ਕੇ ਜੀਵ ਜਨਮ ਮਰਨ ਦੇ ਗੇੜ ਵਿਚ ਪੈ ਕੇ ਦੁਖ ਪਾ ਰਹੇ ਹਨ ॥੨॥
5285	129	ਤਿਸੁ ਵਿਚਿ ਗਿਆਨ ਰਤਨੁ ਇਕੁ ਪਾਇਆ॥		This Vich Giaan Rathan Eik Paaeiaa ||	The jewel of spiritual wisdom was placed within the universe.	ਇਸ ਜਗਤ ਵਿਚ (ਹੀ) ਇਕ ਰਤਨ (ਭੀ ਹੈ, ਉਹ ਹੈ) ਪਰਮਾਤਮਾ ਨਾਲ ਡੂੰਘੀ ਸਾਂਝ ਦਾ ਰਤਨ।
5286	129	ਗੁਰ ਪਰਸਾਦੀ ਮੰਨਿ ਵਸਾਇਆ॥		Gur Parasaadhee Mann Vasaaeiaa ||	By Guru's Grace, it is enshrined within the mind.	(ਜਿਸ ਮਨੁੱਖ ਨੇ ਉਹ ਰਤਨ) ਲੱਭ ਲਿਆ ਹੈ, ਜਿਸ ਨੇ ਇਹ ਰਤਨ ਗੁਰੂ ਦੀ ਕਿਰਪਾ ਨਾਲ ਆਪਣੇ ਮਨ ਵਿਚ ਵਸਾ ਲਿਆ ਹੈ (ਪ੍ਰੋ ਲਿਆ ਹੈ),
5287	129	ਜਤੁ ਸਤੁ ਸੰਜਮੁ ਸਚੁ ਕਮਾਵੈ ਗੁਰਿ ਪੂਰੈ ਨਾਮੁ ਧਿਆਵਣਿਆ॥੩॥		Jath Sath Sanjam Sach Kamaavai Gur Poorai Naam Dhhiaavaniaa ||3||	Celibacy, chastity, self-discipline and the practice of truthfulness are obtained from the Perfect Guru, by meditating on the Naam, the Name of the Lord. ||3||	ਉਹ ਮਨੁੱਖ ਪੂਰੇ ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰਦਾ ਹੈ ਉਹ ਮਨੁੱਖ, ਮਾਨੋ, ਸਦਾ ਟਿਕੇ ਰਹਿਣ ਵਾਲਾ ਜਤ ਕਮਾ ਰਿਹਾ ਹੈ ਸਤ ਕਮਾ ਰਿਹਾ ਹੈ ਤੇ ਸੰਜਮ ਕਮਾ ਰਿਹਾ ਹੈ ॥੩॥
5288	129	ਪੇਈਅੜੈ ਧਨ ਭਰਮਿ ਭੁਲਾਣੀ॥		Paeeearrai Dhhan Bharam Bhulaanee ||	In this world of her parents' home, the soul-bride has been deluded by doubt.	ਜੇਹੜੀ ਜੀਵ-ਇਸਤ੍ਰੀ ਇਸ ਲੋਕ ਵਿਚ ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਪਈ ਰਹਿੰਦੀ ਹੈ,

5289	129	ਦੂਜੈ ਲਾਗੀ ਫਿਰਿ ਪਛੋਤਾਣੀ॥		Dhoojai Laagee Fir Pashhothaanee ||	Attached to duality, she later comes to regret it.	ਉਹ (ਸਦਾ) ਮਾਇਆ ਦੇ ਮੋਹ ਵਿਚ ਮਗਨ ਰਹਿੰਦੀ ਹੈ ਤੇ ਆਖ਼ਿਰ ਪਛੁਤਾਂਦੀ ਹੈ।
5290	129	ਹਲਤੁ ਪਲਤੁ ਦੋਵੈ ਗਾਵਾਏ ਸੁਪਨੈ ਸੁਖੁ ਨ ਪਾਵਣਿਆ॥੪॥		Halath Palath Dhovai Gavaaeae Supanai Sukh N Paavaniaa ||4||	She forfeits both this world and the next, and even in her dreams, she does not find peace. ||4||	ਉਹ ਜੀਵ-ਇਸਤ੍ਰੀ ਇਹ ਲੋਕ ਤੇ ਪਰਲੋਕ ਦੋਵੇਂ ਗਵਾ ਲੈਂਦੀ ਹੈ, ਉਸ ਨੂੰ ਸੁਪਨੇ ਵਿਚ ਭੀ ਆਤਮਕ ਆਨੰਦ ਨਸੀਬ ਨਹੀਂ ਹੁੰਦਾ ॥੪॥
5291	129	ਪੇਈਅੜੈ ਧਨ ਕੰਤੁ ਸਮਾਲੇ॥		Paeeearrai Dhhan Kanth Samaalae ||	The soul-bride who remembers her Husband Lord in this world,	ਜੇਹੜੀ ਜੀਵ-ਇਸਤ੍ਰੀ ਇਸ ਲੋਕ ਵਿਚ ਖਸਮ-ਪ੍ਰਭੂ ਨੂੰ (ਆਪਣੇ ਹਿਰਦੇ ਵਿਚ) ਸੰਭਾਲ ਰੱਖਦੀ ਹੈ,
5292	129	ਗੁਰ ਪਰਸਾਦੀ ਵੇਖੈ ਨਾਲੇ॥		Gur Parasaadhee Vaekhai Naalae ||	By Guru's Grace, sees Him close at hand.	ਗੁਰੂ ਦੀ ਕਿਰਪਾ ਨਾਲ ਉਸ ਨੂੰ ਆਪਣੇ ਅੰਗ-ਸੰਗ ਵੱਸਦਾ ਵੇਖਦੀ ਹੈ,
5293	129	ਪਿਰ ਕੈ ਸਹਜਿ ਰਹੈ ਰੰਗਿ ਰਾਤੀ ਸਬਦਿ ਸਿੰਗਾਰੁ ਬਣਾਵਣਿਆ॥੫॥		Pir Kai Sehaj Rehai Rang Raathee Sabadh Singaar Banaavaniaa ||5||	She remains intuitively attuned to the Love of her Beloved; she makes the Word of His Shabad her decoration. ||5||	ਉਹ ਆਤਮਕ ਅਡੋਲਤਾ ਵਿਚ ਟਿਕੀ ਰਹਿੰਦੀ ਹੈ, ਉਹ ਪ੍ਰਭੂ-ਪਤੀ ਦੇ ਪ੍ਰੇਮ-ਰੰਗ ਵਿਚ ਰੰਗੀ ਰਹਿੰਦੀ ਹੈ, ਉਹ ਗੁਰੂ ਦੇ ਸ਼ਬਦ ਦੀ ਰਾਹੀਂ (ਪ੍ਰਭੂ-ਪਤੀ ਦੇ ਪ੍ਰੇਮ ਨੂੰ ਆਪਣੇ ਆਤਮਕ ਜੀਵਨ ਦਾ) ਸਿੰਗਾਰ ਬਣਾਂਦੀ ਹੈ ॥੫॥
5294	129	ਸਫਲੁ ਜਨਮੁ ਜਿਨਾ ਸਤਿਗੁਰੁ ਪਾਇਆ॥		Safal Janam Jinaa Sathigur Paaeiaa ||	Blessed and fruitful is the coming of those who find the True Guru;	ਜਿਨ੍ਹਾਂ (ਵਡ-ਭਾਗੀ ਮਨੁੱਖਾਂ) ਨੂੰ ਸਤਿਗੁਰੂ ਮਿਲ ਪਿਆ, ਉਹਨਾਂ ਦਾ ਮਨੁੱਖਾ-ਜਨਮ ਕਾਮਯਾਬ ਹੋ ਜਾਂਦਾ ਹੈ।

5295	129	ਦੂਜਾ ਭਾਉ ਗੁਰ ਸਬਦਿ ਜਲਾਇਆ॥		Dhoojaa Bhaao Gur Sabadh Jalaaeiaa ||	Through the Word of the Guru's Shabad, they burn their love of duality.	ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ (ਆਪਣੇ ਅੰਦਰੋਂ) ਮਾਇਆ ਦਾ ਪਿਆਰ ਸਾੜ ਲੈਂਦੇ ਹਨ।
5296	129	ਏਕੋ ਰਵਿ ਰਹਿਆ ਘਟ ਅੰਤਰਿ ਮਿਲਿ ਸਤਸੰਗਤਿ ਹਰਿ ਗੁਣ ਗਾਵਣਿਆ॥੬॥		Eaeko Rav Rehiaa Ghatt Anthar Mil Sathasangath Har Gun Gaavaniaa ||6||	The One Lord is permeating and pervading deep within the heart. Joining the Sat Sangat, the True Congregation, they sing the Glorious Praises of the Lord. ||6||	ਉਹਨਾਂ ਦੇ ਹਿਰਦੇ ਵਿਚ ਇਕ ਪਰਮਾਤਮਾ (ਦੀ ਯਾਦ) ਹੀ ਹਰ ਵੇਲੇ ਮੌਜੂਦ ਰਹਿੰਦੀ ਹੈ, ਸਾਧ ਸੰਗਤਿ ਵਿਚ ਮਿਲ ਕੇ ਉਹ ਪਰਮਾਤਮਾ ਦੇ ਗੁਣ ਗਾਂਦੇ ਹਨ ॥੬॥
5297	129	ਸਤਿਗੁਰੁ ਨ ਸੇਵੇ ਸੋ ਕਾਹੇ ਆਇਆ॥		Sathigur N Saevae So Kaahae Aaeiaa ||	Those who do not serve the True Guru- why did they even come into this world?	ਜੇਹੜਾ ਮਨੁੱਖ ਗੁਰੂ ਦਾ ਆਸਰਾ ਪਰਨਾ ਨਹੀਂ ਲੈਂਦਾ, ਉਹ ਦੁਨੀਆ ਵਿਚ ਜਿਹਾ ਆਇਆ ਜਿਹਾ ਨਾਹ ਆਇਆ।
5298	129	ਧ੍ਰਿਗੁ ਜੀਵਣੁ ਬਿਰਥਾ ਜਨਮੁ ਗਵਾਇਆ॥		Dhhrig Jeevan Birathhaa Janam Gavaaeiaa ||	Cursed are their lives; they have uselessly wasted this human life.	ਉਸ ਦਾ ਸਾਰਾ ਜੀਵਨ ਫਿਟਕਾਰ ਜੋਗ ਹੋ ਜਾਂਦਾ ਹੈ, ਉਹ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਜਾਂਦਾ ਹੈ।

5299	129	ਮਨਮੁਖਿ ਨਾਮੁ ਚਿਤਿ ਨ ਆਵੈ ਬਿਨੁ ਨਾਵੈ ਬਹੁ ਦੁਖੁ ਪਾਵਣਿਆ॥੭॥		Manamukh Naam Chith N Aavai Bin Naavai Bahu Dhukh Paavaniaa ||7||	The self-willed manmukhs do not remember the Naam. Without the Naam, they suffer in terrible pain. ||7||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੇ ਚਿਤ ਵਿਚ (ਕਦੇ) ਪਰਮਾਤਮਾ ਦਾ ਨਾਮ ਨਹੀਂ ਵੱਸਦਾ, ਨਾਮ ਤੋਂ ਖੁੰਝ ਕੇ ਉਹ ਬਹੁਤ ਦੁੱਖ ਸਹਿੰਦਾ ਹੈ ॥੭॥
5300	129	ਜਿਨਿ ਸਿਸਟਿ ਸਾਜੀ ਸੋਈ ਜਾਣੈ॥		Jin Sisatt Saajee Soee Jaanai ||	The One who created the Universe, He alone knows it.	(ਪਰ ਜੀਵਾਂ ਦੇ ਕੀਹ ਵੱਸ?) ਜਿਸ ਪਰਮਾਤਮਾ ਨੇ ਇਹ ਜਗਤ ਰਚਿਆ ਹੈ, ਉਹੀ (ਮਾਇਆ ਦੇ ਪ੍ਰਭਾਵ ਦੀ ਇਸ ਖੇਡ ਨੂੰ) ਜਾਣਦਾ ਹੈ।
5301	129	ਆਪੇ ਮੇਲੈ ਸਬਦਿ ਪਛਾਣੈ॥		Aapae Maelai Sabadh Pashhaanai ||	He unites with Himself those who realize the Shabad.	ਉਹ ਆਪ ਹੀ (ਜੀਵਾਂ ਦੀਆਂ ਲੋੜਾਂ) ਪਛਾਣ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਉਹਨਾਂ ਨੂੰ (ਆਪਣੇ ਚਰਨਾਂ ਵਿਚ) ਮਿਲਾਂਦਾ ਹੈ।
5302	129	ਨਾਨਕ ਨਾਮੁ ਮਿਲਿਆ ਤਿਨ ਜਨ ਕਉ ਜਿਨ ਧੁਰਿ ਮਸਤਕਿ ਲੇਖੁ ਲਿਖਾਵਣਿਆ॥੮॥੧॥੩੨॥੩੩॥		Naanak Naam Miliaa Thin Jan Ko Jin Dhhur Masathak Laekh Likhaavaniaa ||8||1||32||33||	O Nanak, they alone receive the Naam, upon whose foreheads such pre-ordained destiny is recorded. ||8||1||32||33||	ਹੇ ਨਾਨਕ! ਉਹਨਾਂ ਬੰਦਿਆਂ ਨੂੰ ਪਰਮਾਤਮਾ ਦਾ ਨਾਮ ਪ੍ਰਾਪਤ ਹੁੰਦਾ ਹੈ ਜਿਨ੍ਹਾਂ ਦੇ ਮੱਥੇ ਉੱਤੋਂ ਧੁਰੋਂ ਪ੍ਰਭੂ ਦੇ ਹੁਕਮ ਅਨੁਸਾਰ (ਨਾਮ ਦੀ ਪ੍ਰਾਪਤੀ ਦਾ) ਲੇਖ ਲਿਖਿਆ ਜਾਂਦਾ ਹੈ ॥੮॥੧॥੩੨॥੩੩॥

5303	129	ਮਾਝ ਮਹਲਾ ੪॥		Maajh Mehalaa 4 ||	Maajh, Fourth Mehl:	
5304	129	ਆਦਿ ਪੁਰਖੁ ਅਪਰੰਪਰੁ ਆਪੇ॥	ਅਪ-ਰੰਪਰੁ	Aadh Purakh Aparanpar Aapae ||	The Primal Being is Himself remote and beyond.	ਜੇਹੜਾ ਪਰਮਾਤਮਾ (ਸਭ ਦਾ) ਮੁੱਢ ਹੈ ਜੋ ਸਰਬ-ਵਿਆਪਕ ਹੈ, ਜਿਸ (ਦੀ ਹਸਤੀ) ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ, ਜੋ (ਆਪਣੇ ਵਰਗਾ) ਆਪ ਹੀ ਹੈ,
5305	129	ਆਪੇ ਥਾਪੇ ਥਾਪਿ ਉਥਾਪੇ॥		Aapae Thhaapae Thhaap Outhhaapae ||	He Himself establishes, and having established, He disestablishes.	ਉਹ ਆਪ ਹੀ (ਜਗਤ ਨੂੰ) ਰਚਦਾ ਹੈ, ਰਚ ਕੇ ਆਪ ਹੀ ਇਸ ਦਾ ਨਾਸ ਕਰਦਾ ਹੈ।
5306	129	ਸਭ ਮਹਿ ਵਰਤੈ ਏਕੋ ਸੋਈ ਗੁਰਮੁਖਿ ਸੋਭਾ ਪਾਵਣਿਆ॥੧॥		Sabh Mehi Varathai Eaeko Soee Guramukh Sobhaa Paavaniaa ||1||	The One Lord is pervading in all; those who become Gurmukh are honored. ||1||	ਉਹ ਪਰਮਾਤਮਾ ਸਭ ਜੀਵਾਂ ਵਿਚ ਆਪ ਹੀ ਆਪ ਮੌਜੂਦ ਹੈ (ਫਿਰ ਭੀ ਉਹੀ ਮਨੁੱਖ ਉੱਸ ਦੇ ਦਰ ਤੇ) ਸੋਭਾ ਪਾਂਦਾ ਹੈ ਜੋ ਗੁਰੂ ਦੇ ਸਨਮੁਖ ਰਹਿੰਦਾ ਹੈ ॥੧॥
5307	129	ਹਉ ਵਾਰੀ ਜੀਉ ਵਾਰੀ ਨਿਰੰਕਾਰੀ ਨਾਮੁ ਧਿਆਵਣਿਆ॥		Ho Vaaree Jeeo Vaaree Nirankaaree Naam Dhhiaavaniaa ||	I am a sacrifice, my soul is a sacrifice, to those who meditate on the Naam, the Name of the Formless Lord.	ਮੈਂ ਉਹਨਾਂ ਬੰਦਿਆਂ ਤੋਂ ਸਦਾ ਸਦਕੇ ਕੁਰਬਾਨ ਹਾਂ, ਜੇਹੜੇ ਨਿਰਾਕਾਰ ਪਰਮਾਤਮਾ ਦਾ ਨਾਮ ਸਿਮਰਦੇ ਹਨ।

5308	130	ਤਿਸੁ ਰੂਪੁ ਨ ਰੇਖਿਆ ਘਟਿ ਘਟਿ ਦੇਖਿਆ ਗੁਰਮੁਖਿ ਅਲਖੁ ਲਖਾਵਣਿਆ॥੧॥ਰਹਾਉ॥	ਅ-ਲਖੁ: ਪੋਲਾ ਬੋਲੋ	This Roop N Raekhiaa Ghatt Ghatt Dhaekhiaa Guramukh Alakh Lakhaavaniaa ||1|| Rehaao ||	He has no form or shape; He is seen within each and every heart. The Gurmukh comes to know the unknowable. ||1||Pause||	ਉਸ ਪਰਮਾਤਮਾ ਦਾ ਕੋਈ ਖਾਸ ਰੂਪ ਨਹੀਂ ਕੋਈ ਖ਼ਾਸ ਚਿਹਨ-ਚੱਕਰ ਨਹੀਂ ਦੱਸਿਆ ਜਾ ਸਕਦਾ, (ਉਂਞ) ਉਹ ਹਰੇਕ ਸਰੀਰ ਵਿਚ ਵੱਸਦਾ ਦਿੱਸਦਾ ਹੈ, ਉਸ ਅਦ੍ਰਿਸ਼ਟ ਪ੍ਰਭੂ ਨੂੰ ਗੁਰੂ ਦੀ ਸਰਨ ਪੈ ਕੇ ਹੀ ਸਮਝਿਆ ਜਾ ਸਕਦਾ ਹੈ ॥੧॥ ਰਹਾਉ ॥
5309	130	ਤੂ ਦਇਆਲੁ ਕਿਰਪਾਲੁ ਪ੍ਰਭੁ ਸੋਈ॥		Thoo Dhaeiaal Kirapaal Prabh Soee ||	You are God, Kind and Merciful.	(ਹੇ ਪ੍ਰਭੂ!) ਤੂੰ ਦਇਆ ਦਾ ਘਰ ਹੈਂ, ਕਿਰਪਾ ਦਾ ਸੋਮਾ ਹੈਂ, ਤੂੰ ਹੀ ਸਭ ਜੀਵਾਂ ਦਾ ਮਾਲਕ ਹੈਂ।
5310	130	ਤੁਧੁ ਬਿਨੁ ਦੂਜਾ ਅਵਰੁ ਨ ਕੋਈ॥		Thudhh Bin Dhoojaa Avar N Koee ||	Without You, there is no other at all.	ਤੈਥੋਂ ਬਿਨਾ (ਤੇਰੇ ਵਰਗਾ) ਹੋਰ ਕੋਈ ਜੀਵ ਨਹੀਂ ਹੈ।
5311	130	ਗੁਰੁ ਪਰਸਾਦੁ ਕਰੇ ਨਾਮੁ ਦੇਵੈ ਨਾਮੇ ਨਾਮਿ ਸਮਾਵਣਿਆ॥੨॥		Gur Parasaadh Karae Naam Dhaevai Naamae Naam Samaavaniaa ||2||	When the Guru showers His Grace upon us, He blesses us with the Naam; through the Naam, we merge in the Naam. ||2||	(ਜਿਸ ਮਨੁੱਖ ਉੱਤੇ) ਗੁਰੂ ਕਿਰਪਾ ਕਰਦਾ ਹੈ ਉਸ ਨੂੰ ਤੇਰਾ ਨਾਮ ਬਖ਼ਸ਼ਦਾ ਹੈ, ਉਹ ਮਨੁੱਖ ਤੇਰੇ ਨਾਮ ਵਿਚ ਹੀ ਮਸਤ ਰਹਿੰਦਾ ਹੈ ॥੨॥
5312	130	ਤੂੰ ਆਪੇ ਸਚਾ ਸਿਰਜਣਹਾਰਾ॥		Thoon Aapae Sachaa Sirajanehaaraa ||	You Yourself are the True Creator Lord.	(ਹੇ ਪ੍ਰਭੂ!) ਤੂੰ ਆਪ ਹੀ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ ਆਪ ਹੀ ਸਭ ਦਾ ਪੈਦਾ ਕਰਨ ਵਾਲਾ ਹੈਂ।

5313	130	ਭਗਤੀ ਭਰੇ ਤੇਰੇ ਭੰਡਾਰਾ॥		Bhagathee Bharae Thaerae Bhanddaaraa ||	Your treasures are overflowing with devotional worship.	(ਤੇਰੇ ਪਾਸ) ਤੇਰੀ ਭਗਤੀ ਦੇ ਖ਼ਜ਼ਾਨੇ ਭਰੇ ਪਏ ਹਨ।
5314	130	ਗੁਰਮੁਖਿ ਨਾਮੁ ਮਿਲੈ ਮਨੁ ਭੀਜੈ ਸਹਜਿ ਸਮਾਧਿ ਲਗਾਵਣਿਆ॥੩॥		Guramukh Naam Milai Man Bheejai Sehaj Samaadhh Lagaavaniaa ||3||	The Gurmukhs obtain the Naam. Their minds are enraptured, and they easily and intuitively enter into Samaadhi. ||3||	ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਨੂੰ (ਗੁਰੂ ਪਾਸੋਂ) ਤੇਰਾ ਨਾਮ ਮਿਲ ਜਾਂਦਾ ਹੈ, ਉਸ ਦਾ ਮਨ (ਤੇਰੇ ਨਾਮ ਦੀ ਯਾਦ ਵਿਚ) ਰਸਿਆ ਰਹਿੰਦਾ ਹੈ, ਉਹ ਮਨੁੱਖ ਆਤਮਕ ਅਡੋਲਤਾ ਵਿਚ ਸਮਾਧੀ ਲਾਈ ਰੱਖਦਾ ਹੈ (ਟਿਕਿਆ ਰਹਿੰਦਾ ਹੈ) ॥੩॥
5315	130	ਅਨ ਦਿਨੁ ਗੁਣ ਗਾਵਾ ਪ੍ਰਭ ਤੇਰੇ॥		Anadhin Gun Gaavaa Prabh Thaerae ||	Night and day, I sing Your Glorious Praises, God.	ਹੇ ਪ੍ਰਭੂ! ਹੇ ਮੇਰੇ ਪ੍ਰੀਤਮ! (ਮੇਰੇ ਉੱਤੇ ਮਿਹਰ ਕਰ) ਮੈਂ ਹਰ ਰੋਜ਼ (ਹਰ ਵੇਲੇ) ਤੇਰੇ ਗੁਣ ਗਾਂਦਾ ਰਹਾਂ।
5316	130	ਤੁਧੁ ਸਾਲਾਹੀ ਪ੍ਰੀਤਮ ਮੇਰੇ॥		Thudhh Saalaahee Preetham Maerae ||	I praise You, O my Beloved.	ਮੈਂ ਤੇਰੀ ਹੀ ਸਿਫ਼ਤ-ਸਾਲਾਹ ਕਰਦਾ ਰਹਾਂ।
5317	130	ਤੁਧੁ ਬਿਨੁ ਅਵਰੁ ਨ ਕੋਈ ਜਾਚਾ ਗੁਰ ਪਰਸਾਦੀ ਤੂੰ ਪਾਵਣਿਆ॥੪॥	(ਜਾਚਾ) ਮੰਗਾਂ	Thudhh Bin Avar N Koee Jaachaa Gur Parasaadhee Thoon Paavaniaa ||4||	Without You, there is no other for me to seek out. It is only by Guru's Grace that You are found. ||4||	ਤੈਥੋਂ ਬਿਨਾ ਮੈਂ ਹੋਰ ਕਿਸੇ ਪਾਸੋਂ ਕੁਝ ਨਾਹ ਮੰਗਾਂ। (ਹੇ ਮੇਰੇ ਪ੍ਰੀਤਮ!) ਗੁਰੂ ਦੀ ਕਿਰਪਾ ਨਾਲ ਹੀ ਤੈਨੂੰ ਮਿਲ ਸਕੀਦਾ ਹੈ ॥੪॥

5318	130	ਅਗਮੁ ਅਗੋਚਰੁ ਮਿਤਿ ਨਹੀ ਪਾਈ॥	ਅ-ਗਮ:ਪੋਲਾ ਬੋਲੋ। (ਅਗਮੁ) ਸੋਗ ਰਹਿਤ	Agam Agochar Mith Nehee Paaee ||	The limits of the Inaccessible and Incomprehensible Lord cannot be found.	(ਹੇ ਪ੍ਰਭੂ!) ਤੂੰ ਅਪਹੁੰਚ ਹੈਂ, ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਤੇਰੇ ਤਕ ਪਹੁੰਚ ਨਹੀਂ ਹੋ ਸਕਦੀ। ਤੂੰ ਕੇਡਾ ਵੱਡਾ ਹੈਂ-ਇਹ ਗੱਲ ਕੋਈ ਜੀਵ ਨਹੀਂ ਦੱਸ ਸਕਦਾ।
5319	130	ਅਪਣੀ ਕ੍ਰਿਪਾ ਕਰਹਿ ਤੂੰ ਲੈਹਿ ਮਿਲਾਈ॥		Apanee Kirapaa Karehi Thoon Laihi Milaaee ||	Bestowing Your Mercy, You merge us into Yourself.	ਜਿਸ ਮਨੁੱਖ ਉੱਤੇ (ਹੇ ਪ੍ਰਭੂ!) ਤੂੰ ਮਿਹਰ ਕਰਦਾ ਹੈਂ, ਉਸਨੂੰ ਤੂੰ ਆਪਣੇ (ਚਰਨਾਂ) ਵਿਚ ਮਿਲਾ ਲੈਂਦਾ ਹੈਂ।
5320	130	ਪੂਰੇ ਗੁਰ ਕੈ ਸਬਦਿ ਧਿਆਈਐ ਸਬਦੁ ਸੇਵਿ ਸੁਖੁ ਪਾਵਣਿਆ॥੫॥		Poorae Gur Kai Sabadh Dhhiaaeeai Sabadh Saev Sukh Paavaniaa ||5||	Through the Shabad, the Word of the Perfect Guru, we meditate on the Lord. Serving the Shabad, peace is found. ||5||	(ਹੇ ਭਾਈ!) ਉਸ ਪ੍ਰਭੂ ਨੂੰ ਪੂਰੇ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਸਿਮਰਿਆ ਜਾ ਸਕਦਾ ਹੈ। ਮਨੁੱਖ ਸਤਿਗੁਰੂ ਦੇ ਸ਼ਬਦ ਨੂੰ ਹਿਰਦੇ ਵਿਚ ਧਾਰ ਕੇ ਆਤਮਕ ਆਨੰਦ ਮਾਣ ਸਕਦਾ ਹੈ ॥੫॥
5321	130	ਰਸਨਾ ਗੁਣਵੰਤੀ ਗੁਣ ਗਾਵੈ॥	(ਗੁਣਵੰਤੀ) ਗੁਣਾਂ ਵਾਲੀ	Rasanaa Gunavanthee Gun Gaavai ||	Praiseworthy is the tongue which sings the Lord's Glorious Praises.	ਉਹ ਜੀਭ ਭਾਗਾਂ ਵਾਲੀ ਹੈ, ਜੇਹੜੀ ਪਰਮਾਤਮਾ ਦੇ ਗੁਣ ਗਾਂਦੀ ਹੈ।
5322	130	ਨਾਮੁ ਸਲਾਹੇ ਸਚੇ ਭਾਵੈ॥		Naam Salaahae Sachae Bhaavai ||	Praising the Naam, one becomes pleasing to the True One.	ਉਹ ਮਨੁੱਖ ਸਦਾ-ਥਿਰ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ, ਜੇਹੜਾ ਪਰਮਾਤਮਾ ਦੇ ਨਾਮ ਨੂੰ ਸਲਾਹੁੰਦਾ ਹੈ।

5323	130	ਗੁਰਮੁਖਿ ਸਦਾ ਰਹੈ ਰੰਗਿ ਰਾਤੀ ਮਿਲਿ ਸਚੇ ਸੋਭਾ ਪਾਵਣਿਆ॥੬॥		Guramukh Sadhaa Rehai Rang Raathee Mil Sachae Sobhaa Paavaniaa ||6||	The Gurmukh remains forever imbued with the Lord's Love. Meeting the True Lord, glory is obtained. ||6||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦੀ ਜੀਭ ਸਦਾ ਪ੍ਰਭੂ ਦੇ ਨਾਮ-ਰੰਗ ਵਿਚ ਰੰਗੀ ਰਹਿੰਦੀ ਹੈ। ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਸਦਾ-ਥਿਰ ਪ੍ਰਭੂ (ਦੇ ਚਰਨਾਂ) ਵਿਚ ਮਿਲ ਕੇ (ਲੋਕ ਪਰਲੋਕ ਵਿਚ) ਸੋਭਾ ਖੱਟਦਾ ਹੈ ॥੬॥
5324	130	ਮਨਮੁਖ ਕਰਮ ਕਰੇ ਅਹੰਕਾਰੀ॥	ਅਹੰ-ਕਾਰੀ	Manamukh Karam Karae Ahankaaree ||	The self-willed manmukhs do their deeds in ego.	ਆਪਣੇ ਹੀ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਭਾਵੇਂ ਆਪਣੇ ਵੱਲੋਂ ਮਿੱਥੇ ਹੋਏ ਧਾਰਮਿਕ) ਕੰਮ ਕਰਦਾ ਹੈ, (ਪਰ) ਅਹੰਕਾਰ ਵਿਚ ਮੱਤਾ ਰਹਿੰਦਾ ਹੈ (ਕਿ ਮੈਂ ਧਰਮੀ ਹਾਂ)।
5325	130	ਜੂਐ ਜਨਮੁ ਸਭ ਬਾਜੀ ਹਾਰੀ॥		Jooai Janam Sabh Baajee Haaree ||	They lose their whole lives in the gamble.	ਉਹ ਮਨੁੱਖ (ਮਾਨੋ) ਜੂਏ ਵਿਚ ਆਪਣਾ ਜੀਵਨ ਹਾਰ ਦੇਂਦਾ ਹੈ, ਉਹ ਮਨੁੱਖਾ ਜੀਵਨ ਦੀ ਬਾਜੀ ਹਾਰ ਜਾਂਦਾ ਹੈ।
5326	130	ਅੰਤਰਿ ਲੋਭੁ ਮਹਾ ਗੁਬਾਰਾ ਫਿਰਿ ਫਿਰਿ ਆਵਣ ਜਾਵਣਿਆ॥੭॥	(ਗੁਬਾਰਾ) ਹਨੇਰਾ	Anthar Lobh Mehaa Gubaaraa Fir Fir Aavan Jaavaniaa ||7||	Within is the terrible darkness of greed, and so they come and go in reincarnation, over and over again. ||7||	ਉਸ ਦੇ ਅੰਦਰ ਮਾਇਆ ਦਾ ਲੋਭ (ਪ੍ਰਬਲ ਰਹਿੰਦਾ) ਹੈ, ਉਸ ਦੇ ਅੰਦਰ ਮਾਇਆ ਦੇ ਮੋਹ ਦਾ ਘੁੱਪ ਹਨੇਰਾ ਪਿਆ ਰਹਿੰਦਾ ਹੈ, ਉਹ ਮੁੜ ਮੁੜ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ ॥੭॥
5327	130	ਆਪੇ ਕਰਤਾ ਦੇ ਵਡਿਆਈ॥		Aapae Karathaa Dhae Vaddiaaee ||	The Creator Himself bestows Glory	ਉਹਨਾਂ ਨੂੰ ਉਹ ਕਰਤਾਰ ਆਪ ਹੀ (ਨਾਮ ਸਿਮਰਨ ਦੀ) ਵਡਿਆਈ ਬਖ਼ਸ਼ਦਾ ਹੈ,

5328	130	ਜਿਨ ਕਉ ਆਪਿ ਲਿਖਤੁ ਧੁਰਿ ਪਾਈ॥		Jin Ko Aap Likhath Dhhur Paaee ||	On those whom He Himself has so pre-destined.	ਜਿਨ੍ਹਾਂ ਮਨੁੱਖਾਂ ਦੇ ਭਾਗਾਂ ਵਿਚ ਪਰਮਾਤਮਾ ਨੇ ਆਪ ਆਪਣੀ ਦਰਗਾਹ ਤੋਂ ਹੀ ਨਾਮ ਸਿਮਰਨ ਦੀ ਦਾਤ ਦਾ ਲੇਖ ਲਿਖ ਦਿੱਤਾ ਹੈ।
5329	130	ਨਾਨਕ ਨਾਮੁ ਮਿਲੈ ਭਉ ਭੰਜਨੁ ਗੁਰ ਸਬਦੀ ਸੁਖੁ ਪਾਵਣਿਆ॥੮॥੧॥ ੩੪॥		Naanak Naam Milai Bho Bhanjan Gur Sabadhee Sukh Paavaniaa ||8||1||34||	O Nanak, they receive the Naam, the Name of the Lord, the Destroyer of fear; through the Word of the Guru's Shabad, they find peace. ||8||1||34||	ਹੇ ਨਾਨਕ! ਉਹਨਾਂ (ਵਡ-ਭਾਗੀਆਂ) ਨੂੰ (ਦੁਨੀਆ ਦੇ ਸਾਰੇ) ਡਰ ਦੂਰ ਕਰਨ ਵਾਲਾ ਪ੍ਰਭੂ-ਨਾਮ ਮਿਲ ਜਾਂਦਾ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਆਤਮਕ ਆਨੰਦ ਮਾਣਦੇ ਹਨ ॥੮॥੧॥੩੪॥
5330	130	ਮਾਝ ਮਹਲਾ ੫ ਘਰੁ ੧॥		Maajh Mehalaa 5 Ghar 1 ||	Maajh, Fifth Mehl, First House:	
5331	130	ਅੰਤਰਿ ਅਲਖੁ ਨ ਜਾਈ ਲਖਿਆ॥	ਅ-ਲਖੁ ਲਖਿਆ: ਪੋਲੇ ਬੋਲੋ	Anthar Alakh N Jaaee Lakhiaa ||	The Unseen Lord is within, but He cannot be seen.	ਅਦ੍ਰਿਸ਼ਟ ਪਰਮਾਤਮਾ (ਹਰੇਕ ਜੀਵ ਦੇ) ਅੰਦਰ (ਵੱਸਦਾ ਹੈ, ਪਰ ਹਰੇਕ ਜੀਵ ਆਪਣੇ ਅੰਦਰ ਉਸ ਦੀ ਹੋਂਦ ਨੂੰ) ਜਾਚ ਨਹੀਂ ਸਕਦਾ।
5332	130	ਨਾਮੁ ਰਤਨੁ ਲੈ ਗੁਝਾ ਰਖਿਆ॥		Naam Rathan Lai Gujhaa Rakhiaa ||	He has taken the Jewel of the Naam, the Name of the Lord, and He keeps it well concealed.	(ਹਰੇਕ ਜੀਵ ਦੇ ਅੰਦਰ) ਪਰਮਾਤਮਾ ਦਾ ਸ੍ਰੇਸ਼ਟ ਅਮੋਲਕ ਨਾਮ ਮੌਜੂਦ ਹੈ (ਪਰਮਾਤਮਾ ਨੇ ਹਰੇਕ ਦੇ ਅੰਦਰ) ਲੁਕਾ ਕੇ ਰੱਖ ਦਿੱਤਾ ਹੈ (ਹਰੇਕ ਜੀਵ ਨੂੰ ਉਸ ਦੀ ਕਦਰ ਨਹੀਂ)।

5333	130	ਅਗਮੁ ਅਗੋਚਰੁ ਸਭ ਤੇ ਊਚਾ ਗੁਰ ਕੈ ਸਬਦਿ ਲਖਾਵਣਿਆ॥੧॥		Agam Agochar Sabh Thae Oochaa Gur Kai Sabadh Lakhaavaniaa ||1||	The Inaccessible and Incomprehensible Lord is the highest of all. Through the Word of the Guru's Shabad, He is known. ||1||	(ਸਭ ਜੀਵਾਂ ਦੇ ਅੰਦਰ ਵੱਸਦਾ ਹੋਇਆ ਭੀ ਪਰਮਾਤਮਾ) ਜੀਵਾਂ ਦੀ ਪਹੁੰਚ ਤੋਂ ਪਰੇ ਹੈ, ਜੀਵਾਂ ਦੇ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਸਭ ਜੀਵਾਂ ਦੀ ਆਤਮਕ ਉਡਾਰੀ ਤੋਂ ਉੱਚਾ ਹੈ। (ਹਾਂ) ਗੁਰੂ ਦੇ ਸ਼ਬਦ ਵਿਚ ਜੁੜਿਆਂ (ਜੀਵ ਨੂੰ ਆਪਣੇ ਅੰਦਰ ਉਸ ਦੀ ਹੋਂਦ ਦੀ) ਸਮਝ ਆ ਸਕਦੀ ਹੈ ॥੧॥
5334	130	ਹਉ ਵਾਰੀ ਜੀਉ ਵਾਰੀ ਕਲਿ ਮਹਿ ਨਾਮੁ ਸੁਣਾਵਣਿਆ॥	(ਕਲਿ) ਕਲਜੁੱਗ	Ho Vaaree Jeeo Vaaree Kal Mehi Naam Sunaavaniaa ||	I am a sacrifice, my soul is a sacrifice, to those who chant the Naam, in this Dark Age of Kali Yuga.	ਮੈਂ ਉਹਨਾਂ ਮਨੁੱਖਾਂ ਤੋਂ ਸਦਾ ਸਦਕੇ ਕੁਰਬਾਨ ਹਾਂ, ਜੇਹੜੇ ਮਨੁੱਖਾ ਜਨਮ ਵਿਚ (ਆ ਕੇ ਆਪ ਪਰਮਾਤਮਾ ਦਾ ਨਾਮ ਸੁਣਦੇ ਹਨ ਤੇ ਹੋਰਨਾਂ ਨੂੰ) ਨਾਮ ਸੁਣਾਂਦੇ ਹਨ।
5335	130	ਸੰਤ ਪਿਆਰੇ ਸਚੈ ਧਾਰੇ ਵਡਭਾਗੀ ਦਰਸਨੁ ਪਾਵਣਿਆ॥੧॥ਰਹਾਉ॥	(ਧਾਰੇ) ਆਸਰੇ	Santh Piaarae Sachai Dhhaarae Vaddabhaagee Dharasan Paavaniaa ||1|| Rehaao ||	The Beloved Saints were established by the True Lord. By great good fortune, the Blessed Vision of their Darshan is obtained. ||1||Pause||	ਸਦਾ-ਥਿਰ ਪਰਮਾਤਮਾ ਨੇ ਜਿਨ੍ਹਾਂ ਨੂੰ (ਆਪਣੇ ਨਾਮ ਦਾ) ਸਹਾਰਾ ਦਿੱਤਾ ਹੈ, ਉਹ ਸੰਤ ਬਣ ਗਏ, ਉਹ ਉਸ ਦੇ ਪਿਆਰੇ ਹੋ ਗਏ, ਉਹਨਾਂ ਵਡ-ਭਾਗੀਆਂ ਨੇ ਪਰਮਾਤਮਾ ਦਾ ਦਰਸਨ ਪਾ ਲਿਆ ॥੧॥ ਰਹਾਉ ॥

5336	130	ਸਾਧਿਕ ਸਿਧ ਜਿਸੈ ਕਉ ਫਿਰਦੇ॥		Saadhhik Sidhh Jisai Ko Firadhae ||	The One who is sought by the Siddhas and the seekers,	ਜੋਗ ਸਾਧਨ ਕਰਨ ਵਾਲੇ ਜੋਗੀ, ਜੋਗ ਸਾਧਨਾ ਵਿਚ ਪੁੱਗੇ ਹੋਏ ਜੋਗੀ ਜਿਸ ਪਰਮਾਤਮਾ (ਦੀ ਪ੍ਰਾਪਤੀ) ਦੀ ਖ਼ਾਤਰ (ਜੰਗਲਾਂ ਪਹਾੜਾਂ ਵਿਚ ਭਟਕਦੇ) ਫਿਰਦੇ ਹਨ,
5337	130	ਬ੍ਰਹਮੇ ਇੰਦ੍ਰ ਧਿਆਇਨਿ ਹਿਰਦੇ॥		Brehamae Eindhr Dhhiaaein Hiradhae ||	Upon whom Brahma and Indra meditate within their hearts,	ਬ੍ਰਹਮਾ ਇੰਦ੍ਰ (ਆਦਿ ਦੇਵਤੇ) ਜਿਸਨੂੰ ਆਪਣੇ ਹਿਰਦੇ ਵਿਚ ਸਿਮਰਦੇ ਹਨ, ਤੇਤੀ ਕ੍ਰੋੜ ਦੇਵਤੇ ਭੀ ਉਸ ਦੀ ਭਾਲ ਕਰਦੇ ਹਨ (ਪਰ ਦੀਦਾਰ ਨਹੀਂ ਕਰ ਸਕਦੇ।
5338	130	ਕੋਟਿ ਤੇਤੀਸਾ ਖੋਜਹਿ ਤਾ ਕਉ ਗੁਰ ਮਿਲਿ ਹਿਰਦੈ ਗਾਵਣਿਆ॥੨॥		Kott Thaetheesaa Khojehi Thaa Ko Gur Mil Hiradhai Gaavaniaa ||2||	Whom the three hundred thirty million demi-gods search for- meeting the Guru, one comes to sing His Praises within the heart. ||2||	ਵਡ-ਭਾਗੀ ਮਨੁੱਖ) ਗੁਰੂ ਨੂੰ ਮਿਲ ਕੇ ਆਪਣੇ ਹਿਰਦੇ ਵਿਚ (ਉਸ ਦੇ ਗੁਣ) ਗਾਂਦੇ ਹਨ ॥੨॥
5339	130	ਆਠ ਪਹਰ ਤੁਧੁ ਜਾਪੇ ਪਵਨਾ॥		Aath Pehar Thudhh Jaapae Pavanaa ||	Twenty-four hours a day, the wind breathes Your Name.	(ਹੇ ਪ੍ਰਭੂ! ਤੇਰੀ ਬਣਾਈ ਹੋਈ) ਹਵਾ ਅੱਠੇ ਪਹਰ ਤੇਰੇ ਹੁਕਮ ਵਿਚ ਤੁਰਦੀ ਹੈ।
5340	130	ਧਰਤੀ ਸੇਵਕ ਪਾਇਕ ਚਰਨਾ॥	(ਪਾਇਕ) ਦਾਸ ਸੇਵਕ	Dhharathee Saevak Paaeik Charanaa ||	The earth is Your servant, a slave at Your Feet.	(ਤੇਰੀ ਪੈਦਾ ਕੀਤੀ ਹੋਈ) ਧਰਤੀ ਤੇਰੇ ਚਰਨਾਂ ਦੀ ਟਹਲਣ ਹੈ ਸੇਵਕਾ ਹੈ।

5341	130	ਖਾਣੀ ਬਾਣੀ ਸਰਬ ਨਿਵਾਸੀ ਸਭਨਾ ਕੈ ਮਨਿ ਭਾਵਣਿਆ॥੩॥		Khaanee Baanee Sarab Nivaasee Sabhanaa Kai Man Bhaavaniaa ||3||	In the four sources of creation, and in all speech, You dwell. You are dear to the minds of all. ||3||	ਚੌਹਾਂ ਖਾਣੀਆਂ ਵਿਚ ਜੰਮੇ ਹੋਏ ਤੇ ਭਾਂਤ ਭਾਂਤ ਦੀਆਂ ਬੋਲੀਆਂ ਬੋਲਣ ਵਾਲੇ ਸਭ ਜੀਵਾਂ ਦੇ ਅੰਦਰ ਤੂੰ ਵੱਸ ਰਿਹਾ ਹੈਂ, ਤੂੰ ਸਭ ਜੀਵਾਂ ਦੇ ਮਨ ਵਿਚ ਪਿਆਰਾ ਲੱਗਦਾ ਹੈਂ ॥੩॥
5342	130	ਸਾਚਾ ਸਾਹਿਬੁ ਗੁਰਮੁਖਿ ਜਾਪੈ॥		Saachaa Saahib Guramukh Jaapai ||	The True Lord and Master is known to the Gurmukhs.	(ਹੇ ਭਾਈ!) ਮਾਲਕ ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਗੁਰੂ ਦੀ ਸਰਨ ਪਿਆਂ ਉਸ ਦੀ ਸੂਝ ਆਉਂਦੀ ਹੈ।
5343	130	ਪੂਰੇ ਗੁਰ ਕੈ ਸਬਦਿ ਸਿਞਾਪੈ॥	(ਸਿਞਾਪੈ) ਸਿਆਣੇ ਜਾਣ	Poorae Gur Kai Sabadh Sinjaapai ||	He is realized through the Shabad, the Word of the Perfect Guru.	ਪੂਰੇ ਗੁਰੂ ਦੇ ਸ਼ਬਦ ਵਿਚ ਜੁੜਿਆਂ ਹੀ ਉਸ ਨਾਲ ਜਾਣ-ਪਛਾਣ ਬਣਦੀ ਹੈ।
5344	130	ਜਿਨ ਪੀਆ ਸੇਈ ਤ੍ਰਿਪਤਾਸੇ ਸਚੇ ਸਚਿ ਅਘਾਵਣਿਆ॥੪॥	(ਅਘਾਵਣਿਆ) ਤ੍ਰਿਪਤ ਹੋਏ	Jin Peeaa Saeee Thripathaasae Sachae Sach Aghaavaniaa ||4||	Those who drink it in are satisfied. Through the Truest of the True, they are fulfilled. ||4||	ਜਿਨ੍ਹਾਂ ਮਨੁੱਖਾਂ ਨੇ ਉਸ ਪ੍ਰਭੂ ਦਾ ਨਾਮ-ਅੰਮ੍ਰਿਤ ਪੀਤਾ ਹੈ, ਉਹੀ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜੇ ਹਨ ॥੪॥
5345	130	ਤਿਸੁ ਘਰਿ ਸਹਜਾ ਸੋਈ ਸੁਹੇਲਾ॥	(ਸਹਜਾ) ਸ਼ਾਂਤੀ, ਧੀਰਜ, ਸੰਤੋਖ, ਬ੍ਰਹਮਗਿਆਨ ਅਬਿਨਾਸ ਦੁੱਖ ਸੁਖ ਸੰਕਲਪ ਤੋਂ ਨਿਰਲੇਪ ਸਹਜ ਅਵਸਥਾ	This Ghar Sehajaa Soee Suhaelaa ||	In the home of their own beings, they are peacefully and comfortably at ease.	ਜੇਹੜਾ ਮਨੁੱਖ ਗੁਰੂ ਦੇ ਚਰਨਾਂ ਵਿਚ ਆਪਣਾ ਮਨ ਜੋੜਦਾ ਹੈ, ਉਸ ਦੇ ਹਿਰਦੇ-ਘਰ ਵਿਚ ਆਤਮਕ ਅਡੋਲਤਾ ਪੈਦਾ ਹੋ ਜਾਂਦੀ ਹੈ।

5346	130	ਅਨਦ ਬਿਨੋਦ ਕਰੇ ਸਦ ਕੇਲਾ॥	ਅਨ-ਦ: ਪੋਲਾ ਬੋਲੋ	Anadh Binodh Karae Sadh Kaelaa ||	They are blissful, enjoying pleasures, and eternally joyful.	ਉਹ ਮਨੁੱਖ ਸੁਖੀ (ਜੀਵਨ ਬਤੀਤ ਕਰਦਾ) ਹੈ, ਉਹ ਸਦਾ ਆਤਮਕ ਖ਼ੁਸ਼ੀਆਂ ਆਤਮਕ ਆਨੰਦ ਮਾਣਦਾ ਹੈ।
5347	130	ਸੋ ਧਨਵੰਤਾ ਸੋ ਵਡ ਸਾਹਾ ਜੋ ਗੁਰ ਚਰਣੀ ਮਨੁ ਲਾਵਣਿਆ॥੫॥		So Dhhanavanthaa So Vadd Saahaa Jo Gur Charanee Man Laavaniaa ||5||	They are wealthy, and the greatest kings; they center their minds on the Guru's Feet. ||5||	ਉਹ ਮਨੁੱਖ (ਅਸਲ) ਧਨ ਦਾ ਮਾਲਕ ਹੋ ਗਿਆ ਹੈ, ਉਹ ਮਨੁੱਖ ਵੱਡਾ ਸ਼ਾਹ ਬਣ ਗਿਆ ਹੈ ॥੫॥
5348	130	ਪਹਿਲੋਦੇ ਤੈਂ ਰਿਜਕੁ ਸਮਾਹਾ॥	(ਸਮਾਹਾ) ਅਪੜਾਇਆ	Pehilo Dhae Thain Rijak Samaahaa ||	First, You created nourishment;	(ਹੇ ਪ੍ਰਭੂ! ਜੀਵ ਨੂੰ ਪੈਦਾ ਕਰਨ ਤੋਂ) ਪਹਿਲਾਂ ਤੂੰ (ਮਾਂ ਦੇ ਥਣਾਂ ਵਿਚ ਉਸ ਦੇ ਵਾਸਤੇ ਦੁੱਧ) ਰਿਜ਼ਕ ਦਾ ਪ੍ਰਬੰਧ ਕਰਦਾ ਹੈਂ,
5349	130	ਪਿਛੋਦੇ ਤੈਂ ਜੰਤੁ ਉਪਾਹਾ॥	(ਉਪਾਹਾ) ਪੈਦਾ ਕੀਤਾ	Pishho Dhae Thain Janth Oupaahaa ||	Then, You created the living beings.	ਫਿਰ ਤੂੰ ਜੀਵ ਨੂੰ ਪੈਦਾ ਕਰਦਾ ਹੈਂ।
5350	130	ਤੁਧੁ ਜੇਵਡੁ ਦਾਤਾ ਅਵਰੁ ਨ ਸੁਆਮੀ ਲਵੈ ਨ ਕੋਈ ਲਾਵਣਿਆ॥੬॥		Thudhh Jaevadd Dhaathaa Avar N Suaamee Lavai N Koee Laavaniaa ||6||	There is no other Giver as Great as You, O my Lord and Master. None approach or equal You. ||6||	ਹੇ ਸੁਆਮੀ! ਤੇਰੇ ਜੇਡਾ ਵੱਡਾ ਹੋਰ ਕੋਈ ਦਾਤਾ ਨਹੀਂ ਹੈ, ਕੋਈ ਤੇਰੀ ਬਰਾਬਰੀ ਨਹੀਂ ਕਰ ਸਕਦਾ ॥੬॥
5351	130	ਜਿਸੁ ਤੂੰ ਤੁਠਾ ਸੋ ਤੁਧੁ ਧਿਆਏ॥	(ਤੁਠਾ) ਪ੍ਰਸੰਨ ਹੋਏ	Jis Thoon Thuthaa So Thudhh Dhhiaaeae ||	Those who are pleasing to You meditate on You.	(ਹੇ ਪ੍ਰਭੂ!) ਜਿਸ ਮਨੁੱਖ ਉੱਤੇ ਤੂੰ ਪ੍ਰਸੰਨ ਹੁੰਦਾ ਹੈਂ, ਉਹ ਤੇਰਾ ਧਿਆਨ ਧਰਦਾ ਹੈ।

5352	130	ਸਾਧ ਜਨਾ ਕਾ ਮੰਤ੍ਰੁ ਕਮਾਏ॥		Saadhh Janaa Kaa Manthra Kamaaeae ||	They practice the Mantra of the Holy.	ਉਹ ਉਹਨਾਂ ਗੁਰਮੁਖਾਂ ਦਾ ਉਪਦੇਸ਼ ਕਮਾਂਦਾ ਹੈ ਜਿਨ੍ਹਾਂ ਆਪਣੇ ਮਨ ਨੂੰ ਸਾਧਿਆ ਹੋਇਆ ਹੈ।
5353	130	ਆਪਿ ਤਰੈ ਸਗਲੇ ਕੁਲ ਤਾਰੇ ਤਿਸੁ ਦਰਗਹ ਠਾਕ ਨ ਪਾਵਨਿਆ॥੭॥	(ਠਾਕ) ਰੋਕ	Aap Tharai Sagalae Kul Thaarae This Dharageh Thaak N Paavaniaa ||7||	They themselves swim across, and they save all their ancestors and families as well. In the Court of the Lord, they meet with no obstruction. ||7||	ਉਹ ਮਨੁੱਖ (ਸੰਸਾਰ-ਸਮੁੰਦਰ ਵਿਚੋਂ) ਆਪ ਪਾਰ ਲੰਘ ਜਾਂਦਾ ਹੈ, ਆਪਣੀਆਂ ਸਾਰੀਆਂ ਕੁਲਾਂ ਨੂੰ ਭੀ ਪਾਰ ਲੰਘਾ ਲੈਂਦਾ ਹੈ, ਤੇਰੀ ਹਜ਼ੂਰੀ ਵਿਚ ਪਹੁੰਚਣ ਦੇ ਰਾਹ ਵਿਚ ਉਸ ਨੂੰ ਕੋਈ ਰੋਕ ਨਹੀਂ ਪਾ ਸਕਦਾ ॥੭॥
5354	131	ਤੂੰ ਵਡਾ ਤੂੰ ਊਚੋ ਊਚਾ॥		Thoon Vaddaa Thoon Oocho Oochaa ||	You are so Great! You are the Highest of the High!	(ਹੇ ਪ੍ਰਭੂ! ਤਾਕਤ ਤੇ ਸਮਰੱਥਾ ਵਿਚ) ਤੂੰ (ਸਭ ਤੋਂ) ਵੱਡਾ ਹੈਂ।
5355	131	ਤੂੰ ਬੇਅੰਤੁ ਅਤਿ ਮੂਚੋ ਮੂਚਾ॥	(ਅਤਿ) ਬਹੁਤ (ਮੂਚੋ) ਵੱਡੇ ਤੋਂ (ਮੂਚਾ) ਵੱਡਾ	Thoon Baeanth Ath Moocho Moochaa ||	You are Infinite, You are Everything!	(ਆਤਮਕ ਉੱਚਤਾ ਵਿਚ) ਤੂੰ ਸਭ ਤੋਂ ਉੱਚਾ ਹੈਂ, ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਤੂੰ ਬੇਅੰਤ ਵੱਡੀ ਹਸਤੀ ਵਾਲਾ ਹੈਂ।
5356	131	ਹਉ ਕੁਰਬਾਣੀ ਤੇਰੈ ਵੰਞਾ ਨਾਨਕ ਦਾਸ ਦਸਾਵਨਿਆ॥੮॥੧॥੩੫॥	(ਵੰਞਾ) ਜਾਵਾਂ। (ਦਸਾਵਨਿਆ) ਦਾਸਾਂ ਦਾ	Ho Kurabaanee Thaerai Vannjaa Naanak Dhaas Dhasaavaniaa ||8||1||35||	I am a sacrifice to You. Nanak is the slave of Your slaves. ||8||1||35||	ਹੇ ਨਾਨਕ! (ਆਖ-ਹੇ ਪ੍ਰਭੂ!) ਮੈਂ ਤੈਥੋਂ ਕੁਰਬਾਨ ਜਾਂਦਾ ਹਾਂ, ਮੈਂ ਤੇਰੇ ਦਾਸਾਂ ਦਾ ਦਾਸ ਹਾਂ ॥੮॥੧॥੩੫॥
5357	131	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	

5358	131	ਕਉਣੁ ਸੁ ਮੁਕਤਾ ਕਉਣੁ ਸੁ ਜੁਗਤਾ॥	ਕਾਮ ਕ੍ਰੋਧ ਲੋਭ ਮੋਹ ਹੰਕਾਰ ਆਦਿ ਔਗੁਣਾਂ ਤੋਂ (ਮੁਕਤਾ) ਮੁਕਤ। ਸੱਚੇ ਚਰਨ ਕਮਲਾਂ ਚ (ਜੁਗਤਾ) ਜੁੜੇ ਹੋਏ	Koun S Mukathaa Koun S Jugathaa ||	Who is liberated, and who is united?	ਉਹ ਕੇਹੜਾ ਮਨੁੱਖ ਹੈ ਜੋ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਰਹਿੰਦਾ ਹੈ ਤੇ ਪ੍ਰਭੂ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ?
5359	131	ਕਉਣੁ ਸੁ ਗਿਆਨੀ ਕਉਣੁ ਸੁ ਬਕਤਾ॥	ਗੁਰਸ਼ਬਦ ਜੀ ਨੂੰ (ਬਕਤਾ) ਉਚਾਰਨ ਵਾਲੇ	Koun S Giaanee Koun S Bakathaa ||	Who is a spiritual teacher, and who is a preacher?	ਉਹ ਕੇਹੜਾ ਮਨੁੱਖ ਹੈ ਜੋ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਰੱਖਦਾ ਹੈ ਤੇ ਉਸ ਦੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹੈ?
5360	131	ਕਉਣੁ ਸੁ ਗਿਰਹੀ ਕਉਣੁ ਉਦਾਸੀ ਕਉਣੁ ਸੁ ਕੀਮਤਿ ਪਾਏ ਜੀਉ॥੧॥		Koun S Girehee Koun Oudhaasee Koun S Keemath Paaeae Jeeo ||1||	Who is a house-holder, and who is a renunciate? Who can estimate the Lord's Value? ||1||	(ਸੁਚੱਜਾ) ਗ੍ਰਿਹਸਤੀ ਕੌਣ ਹੋ ਸਕਦਾ ਹੈ? ਮਾਇਆ ਤੋਂ ਨਿਰਲੇਪ ਕੌਣ ਹੈ? ਉਹ ਕੇਹੜਾ ਮਨੁੱਖ ਹੈ ਜੋ (ਮਨੁੱਖਾ ਜਨਮ ਦੀ) ਕਦਰ ਸਮਝਦਾ ਹੈ? ॥੧॥
5361	131	ਕਿਨਿ ਬਿਧਿ ਬਾਧਾ ਕਿਨਿ ਬਿਧਿ ਛੂਟਾ॥	(ਬਿਧਿ) ਪ੍ਰਕਾਰ	Kin Bidhh Baadhhaa Kin Bidhh Shhoottaa ||	How is one bound, and how is one freed of his bonds?	ਮਨੁੱਖ (ਮਾਇਆ ਦੇ ਮੋਹ ਦੇ ਬੰਧਨਾਂ ਵਿਚ) ਕਿਵੇਂ ਬੱਝ ਜਾਂਦਾ ਹੈ ਤੇ ਕਿਵੇਂ (ਉਹਨਾਂ ਬੰਧਨਾਂ ਤੋਂ) ਸੁਤੰਤਰ ਹੁੰਦਾ ਹੈ?
5362	131	ਕਿਨਿ ਬਿਧਿ ਆਵਣੁ ਜਾਵਣੁ ਤੂਟਾ॥		Kin Bidhh Aavan Jaavan Thoottaa ||	How can one escape from the cycle of coming and going in reincarnation?	ਕਿਸ ਤਰੀਕੇ ਨਾਲ ਜਨਮ ਮਰਨ ਦਾ ਗੇੜ ਮੁੱਕਦਾ ਹੈ? ਸੁਚੱਜੇ ਕੰਮ ਕੇਹੜੇ ਹਨ?

5363	131	ਕਉਣ ਕਰਮ ਕਉਣ ਨਿਹਕਰਮਾ ਕਉਣੁ ਸੁ ਕਹੈ ਕਹਾਏ ਜੀਉ॥੨॥		Koun Karam Koun Nihakaramaa Koun S Kehai Kehaaeae Jeeo ||2||	Who is subject to karma, and who is beyond karma? Who chants the Name, and inspires others to chant it? ||2||	ਉਹ ਕੇਹੜਾ ਮਨੁੱਖ ਹੈ ਜੋ ਦੁਨੀਆ ਵਿਚ ਵਿਚਰਦਾ ਹੋਇਆ ਭੀ ਵਾਸਨਾ-ਰਹਿਤ ਹੈ? ਉਹ ਕੇਹੜਾ ਮਨੁੱਖ ਹੈ ਜੋ ਆਪ ਸਿਫ਼ਤ-ਸਾਲਾਹ ਕਰਦਾ ਹੈ ਤੇ (ਹੋਰਨਾਂ ਪਾਸੋਂ) ਕਰਾਂਦਾ ਹੈ? ॥੨॥
5364	131	ਕਉਣੁ ਸੁ ਸੁਖੀਆ ਕਉਣੁ ਸੁ ਦੁਖੀਆ॥		Koun S Sukheeaa Koun S Dhukheeaa ||	Who is happy, and who is sad?	ਸੁਖੀ ਜੀਵਨ ਵਾਲਾ ਕੌਣ ਹੈ? ਕੌਣ ਦੁੱਖਾਂ ਵਿਚ ਘਿਰਿਆ ਹੋਇਆ ਹੈ?
5365	131	ਕਉਣੁ ਸੁ ਸਨਮੁਖੁ ਕਉਣੁ ਵੇਮੁਖੀਆ॥	ਔਗੁਣ ਵਿਕਾਰ ਦੋਸ਼ ਤਿਆਗ ਕੇ ਸਤਿਗੁਰੂ ਸਾਹਿਬ ਜੀ ਦੇ (ਸਨਮੁਖੁ) ਹੁਕਮ ਚ ਚੱਲਣ ਵਾਲੇ ਆਗਿਆਰੀ ਜੀ	Koun S Sanamukh Koun Vaemukheeaa ||	Who, as sunmukh, turns toward the Guru, and who, as vaymukh, turns away from the Guru?	ਸਨਮੁਖ ਕਿਸ ਨੂੰ ਕਿਹਾ ਜਾਂਦਾ ਹੈ? ਬੇਮੁਖ ਕਿਸ ਨੂੰ ਆਖੀਦਾ ਹੈ?
5366	131	ਕਿਨਿ ਬਿਧਿ ਮਿਲੀਐ ਕਿਨਿ ਬਿਧਿ ਬਿਛੁਰੈ ਇਹ ਬਿਧਿ ਕਉਣੁ ਪ੍ਰਗਟਾਏ ਜੀਉ॥੩॥	ਬਿਧਿ:ਪੋਲਾ ਬੋਲੋ	Kin Bidhh Mileeai Kin Bidhh Bishhurai Eih Bidhh Koun Pragattaaeae Jeeo ||3||	How can one meet the Lord? How is one separated from Him? Who can reveal the way to me? ||3||	ਪ੍ਰਭੂ-ਚਰਨਾਂ ਵਿਚ ਕਿਸ ਤਰ੍ਹਾਂ ਮਿਲ ਸਕੀਦਾ ਹੈ? ਮਨੁੱਖ ਪ੍ਰਭੂ ਤੋਂ ਕਿਵੇਂ ਵਿੱਛੁੜ ਜਾਂਦਾ ਹੈ? ਇਹ ਜਾਚ ਕੌਣ ਸਿਖਾਂਦਾ ਹੈ? ॥੩॥

5367	131	ਕਉਣੁ ਸੁ ਅਖਰੁ ਜਿਤੁ ਧਾਵਤੁ ਰਹਤਾ॥	(ਅੱਖਰ) ਉਪਦੇਸ਼। ਵਿਕਾਰਾਂ ਵਿਸ਼ਿਆਂ ਵੱਲ (ਧਾਵਤੁ) ਦੌੜਦਾ	Koun S Akhar Jith Dhhaavath Rehathaa ||	What is that Word, by which the wandering mind can be restrained?	ਉਹ ਕੇਹੜਾ ਸ਼ਬਦ ਹੈ ਜਿਸ ਦੀ ਰਾਹੀਂ ਵਿਕਾਰਾਂ ਵਲ ਦੌੜਦਾ ਮਨ ਟਿਕ ਜਾਂਦਾ ਹੈ?
5368	131	ਕਉਣੁ ਉਪਦੇਸੁ ਜਿਤੁ ਦੁਖੁ ਸੁਖੁ ਸਮ ਸਹਤਾ॥	(ਸਮ) ਬਰਾਬਰ	Koun Oupadhaes Jith Dhukh Sukh Sam Sehathaa ||	What are those teachings, by which we may endure pain and pleasure alike?	ਉਹ ਕੇਹੜਾ ਉਪਦੇਸ਼ ਹੈ ਜਿਸ ਉੱਤੇ ਤੁਰ ਕੇ ਮਨੁੱਖ ਦੁੱਖ ਸੁਖ ਇਕੋ ਜਿਹੇ ਸਹਾਰ ਸਕਦਾ ਹੈ?
5369	131	ਕਉਣੁ ਸੁ ਚਾਲ ਜਿਤੁ ਪਾਰਬ੍ਰਹਮੁ ਧਿਆਏ ਕਿਨਿ ਬਿਧਿ ਕੀਰਤਨੁ ਗਾਏ ਜੀਉ॥੪॥		Koun S Chaal Jith Paarabreham Dhhiaaeae Kin Bidhh Keerathan Gaaeae Jeeo ||4||	What is that lifestyle, by which we may come to meditate on the Supreme Lord? How may we sing the Kirtan of His Praises? ||4||	ਉਹ ਕੇਹੜਾ ਜੀਵਨ-ਢੰਗ ਹੈ ਜਿਸ ਨਾਲ ਮਨੁੱਖ ਪਰਮਾਤਮਾ ਨੂੰ ਸਿਮਰ ਸਕੇ? ਕਿਸ ਤਰ੍ਹਾਂ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਰਹੇ? ॥੪॥
5370	131	ਗੁਰਮੁਖਿ ਮੁਕਤਾ ਗੁਰਮੁਖਿ ਜੁਗਤਾ॥	ਰੋਮ-ਰੋਮ ਦੇ ਪ੍ਰੇਮ ਨਾਲ, ਰੋਮ-ਰੋਮ ਕਰਕੇ ਨਾਮ ਜਪ ਜਪਾ ਕੇ, ਜੀਵਨ ਮੁਕਤੀ ਦੀ ਗੁਰਮੁਖਿ ਪਦਵੀ	Guramukh Mukathaa Guramukh Jugathaa ||	The Gurmukh is liberated, and the Gurmukh is linked.	ਗੁਰੂ ਦੇ ਦੱਸੇ ਰਾਹ ਤੇ ਤੁਰਨ ਵਾਲਾ ਮਨੁੱਖ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਰਹਿੰਦਾ ਹੈ ਤੇ ਪਰਮਾਤਮਾ ਦੀ ਯਾਦ ਵਿਚ ਜੁੜਿਆ ਰਹਿੰਦਾ ਹੈ।
5371	131	ਗੁਰਮੁਖਿ ਗਿਆਨੀ ਗੁਰਮੁਖਿ ਬਕਤਾ॥		Guramukh Giaanee Guramukh Bakathaa ||	The Gurmukh is the spiritual teacher, and the Gurmukh is the preacher.	ਗੁਰੂ ਦੀ ਸਰਨ ਵਿਚ ਰਹਿਣ ਵਾਲਾ ਮਨੁੱਖ ਹੀ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ ਤੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ।

5372	131	ਧੰਨੁ ਗਿਰਹੀ ਉਦਾਸੀ ਗੁਰਮੁਖਿ ਗੁਰਮੁਖਿ ਕੀਮਤਿ ਪਾਏ ਜੀਉ॥੫॥	ਮੋਹ ਔਗੁਣਾਂ ਵਿਕਾਰਾਂ ਤੋਂ(ਉਦਾਸੀ) ਉਪਰਾਮ ਨਿਰਲੇਪ	Dhhann Girehee Oudhaasee Guramukh Guramukh Keemath Paaeae Jeeo ||5||	Blessed is the Gurmukh, the householder and the renunciate. The Gurmukh knows the Lord's Value. ||5||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਹੀ ਭਾਗਾਂ ਵਾਲਾ ਗ੍ਰਿਹਸਤ ਹੈ, ਉਹ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਭੀ ਨਿਰਲੇਪ ਰਹਿੰਦਾ ਹੈ। ਉਹੀ ਮਨੁੱਖਾ ਜਨਮ ਦੀ ਕਦਰ ਸਮਝਦਾ ਹੈ ॥੫॥
5373	131	ਹਉਮੈ ਬਾਧਾ ਗੁਰਮੁਖਿ ਛੂਟਾ॥		Houmai Baadhhaa Guramukh Shhoottaa ||	Egotism is bondage; as Gurmukh, one is emancipated.	(ਆਪਣੇ ਮਨ ਦੇ ਪਿੱਛੇ ਤੁਰ ਕੇ ਮਨੁੱਖ ਆਪਣੀ ਹੀ) ਹਉਮੈ ਦੇ ਕਾਰਨ (ਮਾਇਆ ਦੇ ਬੰਧਨਾਂ ਵਿਚ) ਬੱਝ ਜਾਂਦਾ ਹੈ, ਗੁਰੂ ਦੀ ਸਰਨ ਪੈ ਕੇ (ਇਹਨਾਂ ਬੰਧਨਾਂ ਤੋਂ) ਆਜ਼ਾਦ ਹੋ ਜਾਂਦਾ ਹੈ।
5374	131	ਗੁਰਮੁਖਿ ਆਵਣੁ ਜਾਵਣੁ ਤੂਟਾ॥		Guramukh Aavan Jaavan Thoottaa ||	The Gurmukh escapes the cycle of coming and going in reincarnation.	ਗੁਰੂ ਦੇ ਦੱਸੇ ਰਾਹ ਉੱਤੇ ਤੁਰਿਆਂ ਮਨੁੱਖ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।

5375	131	ਗੁਰਮੁਖਿ ਕਰਮ ਗੁਰਮੁਖਿ ਨਿਹਕਰਮਾ ਗੁਰਮੁਖਿ ਕਰੇ ਸੁ ਸੁਭਾਏ ਜੀਉ॥੬॥	ਸ਼ੁਭ ਧਰਮ ਨਿਸ਼ਕਾਮ ਕਰਮ ਕਰਦਿਆਂ, ਗੁਰਮੁਖ (ਕਰਮ) ਕਰਮਬਖਸ਼ੀ ਕਰਦੇ ਹਨ। ਕਰਮਾਂ ਦੀ ਹੰਗਤਾ ਤੋਂ ਰਹਿਤ (ਨਿਹਕਰਮਾ) ਨਿਸ਼ਕਾਮੀ ਹਨ। ਸਤਿਗੁਰਾਂ ਦੇ ਚਰਨਕਮਲਾਂ ਚ ਲੀਨ ਹੋ ਕੇ (ਸੁਭਾਏ) ਸ੍ਰੇਸਟ ਪ੍ਰੇਮ ਭਾਵਨਾ ਨਾਲ (ਸੁਭਾਏ) ਨਿਰਯਤਨ ਹੀ ਗੁਰਮੁਖ ਕਰਮ ਕਰਦੇ ਹਨ।	Guramukh Karam Guramukh Nihakaramaa Guramukh Karae S Subhaaeae Jeeo ||6||	The Gurmukh performs actions of good karma, and the Gurmukh is beyond karma. Whatever the Gurmukh does, is done in good faith. ||6||	ਗੁਰੂ ਦੇ ਸਨਮੁਖ ਰਹਿ ਕੇ ਹੀ ਸੁਚੱਜੇ ਕੰਮ ਹੋ ਸਕਦੇ ਹਨ। ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਵਾਸਨਾ ਰਹਿਤ ਰਹਿੰਦਾ ਹੈ। ਅਜੇਹਾ ਮਨੁੱਖ ਜੋ ਕੁਝ ਭੀ ਕਰਦਾ ਹੈ ਪ੍ਰਭੂ ਦੇ ਪ੍ਰੇਮ ਵਿਚ ਟਿਕ ਕੇ ਕਰਦਾ ਹੈ ॥੬॥
5376	131	ਗੁਰਮੁਖਿ ਸੁਖੀਆ ਮਨਮੁਖਿ ਦੁਖੀਆ॥		Guramukh Sukheeaa Manamukh Dhukheeaa ||	The Gurmukh is happy, while the self-willed manmukh is sad.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਸੁਖੀ ਜੀਵਨ ਵਾਲਾ ਹੈ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਨਿੱਤ ਦੁਖੀ ਰਹਿੰਦਾ ਹੈ।
5377	131	ਗੁਰਮੁਖਿ ਸਨਮੁਖੁ ਮਨਮੁਖਿ ਵੇਮੁਖੀਆ॥		Guramukh Sanamukh Manamukh Vaemukheeaa ||	The Gurmukh turns toward the Guru, and the self-willed manmukh turns away from the Guru.	ਗੁਰੂ ਦੇ ਦੱਸੇ ਰਾਹ ਤੇ ਤੁਰਨ ਵਾਲਾ ਮਨੁੱਖ ਪਰਮਾਤਮਾ ਵਲ ਮੂੰਹ ਰੱਖਣ ਵਾਲਾ ਹੈ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੰਦਾ ਰੱਬ ਵਲੋਂ ਮੂੰਹ ਮੋੜੀ ਰੱਖਦਾ ਹੈ।

5378	131	ਗੁਰਮੁਖਿ ਮਿਲੀਐ ਮਨਮੁਖਿ ਵਿਛੁਰੈ ਗੁਰਮੁਖਿ ਬਿਧਿ ਪ੍ਰਗਟਾਏ ਜੀਉ॥੭॥	ਬਿਧਿ: ਪੋਲਾ ਬੋਲੋ	Guramukh Mileeai Manamukh Vishhurai Guramukh Bidhh Pragattaaeae Jeeo ||7||	The Gurmukh is united with the Lord, while the manmukh is separated from Him. The Gurmukh reveals the way. ||7||	ਗੁਰੂ ਦੇ ਸਨਮੁਖ ਰਿਹਾਂ ਪਰਮਾਤਮਾ ਨੂੰ ਮਿਲ ਸਕੀਦਾ ਹੈ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੰਦਾ ਪਰਮਾਤਮਾ ਤੋਂ ਵਿੱਛੁੜ ਜਾਂਦਾ ਹੈ। ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਹੀ (ਸਹੀ ਜੀਵਨ ਦੀ) ਜਾਚ ਸਿਖਾਂਦਾ ਹੈ ॥੭॥
5379	131	ਗੁਰਮੁਖਿ ਅਖਰੁ ਜਿਤੁ ਧਾਵਤੁ ਰਹਤਾ॥		Guramukh Akhar Jith Dhhaavath Rehathaa ||	The Guru's Instruction is the Word, by which the wandering mind is restrained.	ਗੁਰੂ ਦੇ ਮੂੰਹੋਂ ਨਿਕਲਿਆ ਸ਼ਬਦ ਹੀ ਉਹ ਬੋਲ ਹੈ ਜਿਸ ਦੀ ਬਰਕਤਿ ਨਾਲ ਵਿਕਾਰਾਂ ਵਲ ਦੌੜਦਾ ਮਨ ਖਲੋ ਜਾਂਦਾ ਹੈ।
5380	131	ਗੁਰਮੁਖਿ ਉਪਦੇਸੁ ਦੁਖੁ ਸੁਖੁ ਸਮ ਸਹਤਾ॥	ਸਹਤਾ	Guramukh Oupadhaes Dhukh Sukh Sam Sehathaa ||	Through the Guru's Teachings, we can endure pain and pleasure alike.	ਗੁਰੂ ਤੋਂ ਮਿਲਿਆ ਉਪਦੇਸ਼ ਹੀ (ਇਹ ਸਮਰੱਥਾ ਰੱਖਦਾ ਹੈ ਕਿ ਮਨੁੱਖ ਉਸ ਦੇ ਆਸਰੇ) ਦੁਖ ਸੁਖ ਨੂੰ ਇਕੋ ਜਿਹਾ ਕਰ ਕੇ ਸਹਾਰਦਾ ਹੈ।
5381	131	ਗੁਰਮੁਖਿ ਚਾਲ ਜਿਤੁ ਪਾਰਬ੍ਰਹਮੁ ਧਿਆਏ ਗੁਰਮੁਖਿ ਕੀਰਤਨੁ ਗਾਏ ਜੀਉ॥੮॥		Guramukh Chaal Jith Paarabreham Dhhiaaeae Guramukh Keerathan Gaaeae Jeeo ||8||	To live as Gurmukh is the lifestyle by which we come to meditate on the Supreme Lord. The Gurmukh sings the Kirtan of His Praises. ||8||	ਗੁਰੂ ਦੇ ਰਾਹ ਤੇ ਤੁਰਨਾ ਹੀ ਅਜੇਹੀ ਜੀਵਨ ਚਾਲ ਹੈ ਕਿ ਇਸ ਦੀ ਰਾਹੀਂ ਮਨੁੱਖ ਪਰਮਾਤਮਾ ਦਾ ਧਿਆਨ ਧਰ ਸਕਦਾ ਹੈ ਤੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ ॥੮॥

5382	131	ਸਗਲੀ ਬਣਤ ਬਣਾਈ ਆਪੇ॥	(ਬਣਤ) ਰਚਨਾ	Sagalee Banath Banaaee Aapae ||	The Lord Himself created the entire creation.	(ਪਰ ਗੁਰਮੁਖ ਤੇ ਮਨਮੁਖ-ਇਹ) ਸਾਰੀ ਬਣਤਰ ਪਰਮਾਤਮਾ ਨੇ ਆਪ ਹੀ ਬਣਾਈ ਹੈ।
5383	131	ਆਪੇ ਕਰੇ ਕਰਾਏ ਥਾਪੇ॥		Aapae Karae Karaaeae Thhaapae ||	He Himself acts, and causes others to act. He Himself establishes.	(ਸਭ ਜੀਵਾਂ ਵਿਚ ਵਿਆਪਕ ਹੋ ਕੇ) ਉਹ ਆਪ ਹੀ ਸਭ ਕੁਝ ਕਰਦਾ ਹੈ ਤੇ (ਜੀਵਾਂ ਪਾਸੋਂ) ਕਰਾਂਦਾ ਹੈ, ਉਹ ਆਪ ਹੀ ਜਗਤ ਦੀ ਸਾਰੀ ਖੇਡ ਚਲਾ ਰਿਹਾ ਹੈ।
5384	131	ਇਕਸੁ ਤੇ ਹੋਇਓ ਅਨੰਤਾ ਨਾਨਕ ਏਕਸੁ ਮਾਹਿ ਸਮਾਏ ਜੀਉ॥੯॥੨॥੩੬॥	(ਇਕਸੁ) ਇੱਕ ਨਿਰਗੁਨ ਸਰੂਪ ਤੋਂ ਕੋਟਿ ਬ੍ਰਹਮੰਡ ਤਾਰੇ ਮੰਡਲ ਸੂਰਜ ਚੰਦ (ਅਨੰਤਾ) ਅਨੇਕ ਪ੍ਰਕਾਰ ਦੀ ਬੇਅੰਤ ਰਚਨਾ ਸਰਗੁਨ ਸਰੂਪ ਜੀ	Eikas Thae Hoeiou Ananthaa Naanak Eaekas Maahi Samaaeae Jeeo ||9||2||36||	From oneness, He has brought forth the countless multitudes. O Nanak, they shall merge into the One once again. ||9||2||36||	ਹੇ ਨਾਨਕ! ਉਹ ਆਪ ਹੀ ਆਪਣੇ ਇੱਕ ਸਰੂਪ ਤੋਂ ਬੇਅੰਤ ਰੂਪਾਂ ਰੰਗਾਂ ਵਾਲਾ ਬਣਿਆ ਹੋਇਆ ਹੈ। (ਇਹ ਸਾਰਾ ਬਹੁ ਰੰਗੀ ਜਗਤ) ਉਸ ਇੱਕ ਵਿਚ ਹੀ ਲੀਨ ਹੋ ਜਾਂਦਾ ਹੈ ॥੯॥੨॥੩੬॥
5385	131	ਮਾਝ ਮਹਲਾ ੫॥		Maajh Mehalaa 5 ||	Maajh, Fifth Mehl:	
5386	131	ਪ੍ਰਭੁ ਅਬਿਨਾਸੀ ਤਾ ਕਿਆ ਕਾੜਾ॥	(ਕਾੜਾ) ਚਿੰਤਾ	Prabh Abinaasee Thaa Kiaa Kaarraa ||	God is Eternal and Imperishable, so why should anyone be anxious?	(ਜਿਸ ਮਨੁੱਖ ਨੂੰ ਇਹ ਯਕੀਨ ਹੋਵੇ ਕਿ ਮੇਰੇ ਸਿਰ ਉੱਤੇ) ਅਬਿਨਾਸੀ ਪ੍ਰਭੂ (ਰਾਖਾ ਹੈ ਉਸ ਨੂੰ) ਕੋਈ ਚਿੰਤਾ-ਫ਼ਿਕਰ ਨਹੀਂ ਹੁੰਦਾ।

5387	131	ਹਰਿ ਭਗਵੰਤਾ ਤਾ ਜਨੁ ਖਰਾ ਸੁਖਾਲਾ॥	(ਖਰਾ) ਬਹੁਤ (ਸੁਖਾਲਾ) ਸੁਖੀ	Har Bhagavanthaa Thaa Jan Kharaa Sukhaalaa ||	The Lord is Wealthy and Prosperous, so His humble servant should feel totally secure.	(ਜਦੋਂ ਮਨੁੱਖ ਨੂੰ ਇਹ ਨਿਸਚਾ ਹੋਵੇ ਕਿ) ਸਭ ਸੁਖਾਂ ਦਾ ਮਾਲਕ ਹਰੀ (ਮੇਰਾ ਰਾਖਾ ਹੈ) ਤਾਂ ਉਹ ਬਹੁਤ ਸੌਖਾ ਜੀਵਨ ਬਿਤੀਤ ਕਰਦਾ ਹੈ।
5388	131	ਜੀਅ ਪ੍ਰਾਨ ਮਾਨ ਸੁਖਦਾਤਾ ਤੂੰ ਕਰਹਿ ਸੋਈ ਸੁਖੁ ਪਾਵਣਿਆ॥੧॥		Jeea Praan Maan Sukhadhaathaa Thoon Karehi Soee Sukh Paavaniaa ||1||	O Giver of peace of the soul, of life, of honor-as You ordain, I obtain peace. ||1||	ਹੇ ਪ੍ਰਭੂ! ਜਿਸ ਨੂੰ ਇਹ ਨਿਸਚਾ ਹੈ ਕਿ ਤੂੰ ਜਿੰਦ ਦਾ ਪ੍ਰਾਣਾਂ ਦਾ ਮਨ ਦਾ ਸੁਖ ਦਾਤਾ ਹੈਂ, ਤੇ ਜੋ ਕੁਝ ਤੂੰ ਕਰਦਾ ਹੈਂ ਉਹੀ ਹੁੰਦਾ ਹੈ, ਉਹ ਮਨੁੱਖ ਆਤਮਕ ਆਨੰਦ ਮਾਣਦਾ ਹੈ ॥੧॥
5389	131	ਹਉ ਵਾਰੀ ਜੀਉ ਵਾਰੀ ਗੁਰਮੁਖਿ ਮਨਿ ਤਨਿ ਭਾਵਣਿਆ॥		Ho Vaaree Jeeo Vaaree Guramukh Man Than Bhaavaniaa ||	I am a sacrifice, my soul is a sacrifice, to that Gurmukh whose mind and body are pleased with You.	(ਹੇ ਪ੍ਰਭੂ!) ਮੈਂ ਤੈਥੋਂ ਸਦਕੇ ਹਾਂ ਕੁਰਬਾਨ ਹਾਂ, ਗੁਰੂ ਦੀ ਸਰਨ ਪਿਆਂ ਤੂੰ ਮਨ ਵਿਚ ਹਿਰਦੇ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈਂ।
5390	131	ਤੂੰ ਮੇਰਾ ਪਰਬਤੁ ਤੂੰ ਮੇਰਾ ਓਲਾ ਤੁਮ ਸੰਗਿ ਲਵੈ ਨ ਲਾਵਣਿਆ॥੧॥ਰਹਾਉ॥	(ਓਲਾ) ਪੜਦਾ	Thoon Maeraa Parabath Thoon Maeraa Oulaa Thum Sang Lavai N Laavaniaa ||1|| Rehaao ||	You are my mountain, You are my shelter and shield. No one can rival You. ||1||Pause||	ਹੇ ਪ੍ਰਭੂ! ਤੂੰ ਮੇਰੇ ਲਈ ਪਰਬਤ (ਸਮਾਨ ਸਹਾਰਾ) ਹੈਂ, ਤੂੰ ਮੇਰਾ ਆਸਰਾ ਹੈਂ। ਮੈਂ ਤੇਰੇ ਨਾਲ ਕਿਸੇ ਹੋਰ ਨੂੰ ਬਰਾਬਰੀ ਨਹੀਂ ਦੇ ਸਕਦਾ ॥੧॥ ਰਹਾਉ ॥
5391	131	ਤੇਰਾ ਕੀਤਾ ਜਿਸੁ ਲਾਗੈ ਮੀਠਾ॥		Thaeraa Keethaa Jis Laagai Meethaa ||	That person, unto whom Your actions seem sweet,	ਜਿਸ ਮਨੁੱਖ ਨੂੰ ਤੇਰਾ ਭਾਣਾ ਮਿੱਠਾ ਲੱਗਣ ਲੱਗ ਪੈਂਦਾ ਹੈ,

5392	131	ਘਟਿ ਘਟਿ ਪਾਰਬ੍ਰਹਮੁ ਤਿਨਿ ਜਨਿ ਡੀਠਾ॥		Ghatt Ghatt Paarabreham Thin Jan Ddeethaa ||	Comes to see the Supreme Lord God in each and every heart.	ਉਸ ਮਨੁੱਖ ਨੇ ਤੈਨੂੰ ਹਰੇਕ ਹਿਰਦੇ ਵਿਚ ਵੱਸਦਾ ਵੇਖ ਲਿਆ ਹੈ।
5393	131	ਥਾਨਿ ਥਨੰਤਰਿ ਤੂੰਹੈ ਤੂੰਹੈ ਇਕੋ ਇਕੁ ਵਰਤਾਵਣਿਆ॥੨॥		Thhaan Thhananthar Thoonhai Thoonhai Eiko Eik Varathaavaniaa ||2||	In all places and interspaces, You exist. You are the One and Only Lord, pervading everywhere. ||2||	ਹੇ ਪ੍ਰਭੂ! ਤੂੰ ਪਾਰਬ੍ਰਹਮ (ਹਰੇਕ ਹਿਰਦੇ ਵਿਚ ਵੱਸ ਰਿਹਾ) ਹੈਂ। ਹਰੇਕ ਥਾਂ ਵਿਚ ਤੂੰ ਹੀ ਤੂੰ ਹੀ, ਸਿਰਫ਼ ਇਕ ਤੂੰ ਹੀ ਵੱਸ ਰਿਹਾ ਹੈਂ ॥੨॥
5394	131	ਸਗਲ ਮਨੋਰਥ ਤੂੰ ਦੇਵਣਹਾਰਾ॥	(ਸਗਲ) ਸਾਰੇ (ਮਨੋਰਥ) ਮਨ ਦੇ ਸ਼ੁਭ ਸੰਕਲਪ	Sagal Manorathh Thoon Dhaevanehaaraa ||	You are the Fulfiller of all the mind's desires.	ਹੇ ਪ੍ਰਭੂ! ਸਭ ਜੀਵਾਂ ਦੀਆਂ ਮਨ-ਮੰਗੀਆਂ ਲੋੜਾਂ ਤੂੰ ਹੀ ਪੂਰੀਆਂ ਕਰਨ ਵਾਲਾ ਹੈਂ।
5395	131	ਭਗਤੀ ਭਾਇ ਭਰੇ ਭੰਡਾਰਾ॥	(ਭਾਇ) ਪ੍ਰੇਮਾ ਭਗਤੀ ਦੇ (ਭੰਡਾਰਾ) ਖਜਾਨੇ	Bhagathee Bhaae Bharae Bhanddaaraa ||	Your treasures are overflowing with love and devotion.	ਤੇਰੇ ਘਰ ਵਿਚ ਭਗਤੀ-ਧਨ ਨਾਲ ਪ੍ਰੇਮ-ਧਨ ਨਾਲ ਖ਼ਜ਼ਾਨੇ ਭਰੇ ਪਏ ਹਨ।
5396	131	ਦਇਆ ਧਾਰਿ ਰਾਖੇ ਤੁਧੁ ਸੇਈ ਪੂਰੈ ਕਰਮਿ ਸਮਾਵਣਿਆ॥੩॥	(ਕਰਮਿ) ਕ੍ਰਿਪਾ	Dhaeiaa Dhhaar Raakhae Thudhh Saeee Poorai Karam Samaavaniaa ||3||	Showering Your Mercy, You protect those who, through perfect destiny, merge into You. ||3||	ਜੇਹੜੇ ਬੰਦੇ ਤੇਰੀ ਪੂਰੀ ਮਿਹਰ ਨਾਲ ਤੇਰੇ ਚਰਨਾਂ ਵਿਚ ਲੀਨ ਰਹਿੰਦੇ ਹਨ, ਦਇਆ ਕਰ ਕੇ ਉਹਨਾਂ ਨੂੰ ਤੂੰ (ਮਾਇਆ ਦੇ ਹੱਲਿਆਂ ਤੋਂ) ਬਚਾ ਲੈਂਦਾ ਹੈ ॥੩॥
5397	132	ਅੰਧ ਕੂਪ ਤੇ ਕੰਢੈ ਚਾੜੇ॥	(ਕੂਪ) ਖੂਹ	Andhh Koop Thae Kandtai Chaarrae ||	You pulled me out of the deep, dark well onto the dry ground.	(ਹੇ ਭਾਈ!) ਪਰਮਾਤਮਾ ਉਹਨਾਂ ਨੂੰ ਮਾਇਆ ਦੇ ਮੋਹ ਦੇ ਹਨੇਰੇ ਖੂਹ ਵਿਚੋਂ ਬਾਹਰ ਕੰਢੇ ਉੱਤੇ ਚੜ੍ਹਾ ਦੇਂਦਾ ਹੈ,

5398	132	ਕਰਿ ਕਿਰਪਾ ਦਾਸ ਨਦਰਿ ਨਿਹਾਲੇ॥	(ਨਦਰਿ) ਕ੍ਰਿਪਾ ਦ੍ਰਿਸ਼ਟੀ ਨਾਲ (ਨਿਹਾਲੇ) ਨਿਹਾਲ ਕਰ ਦਿੱਤੇ	Kar Kirapaa Dhaas Nadhar Nihaalae ||	Showering Your Mercy, You blessed Your servant with Your Glance of Grace.	ਆਪਣੇ ਜਿਨ੍ਹਾਂ ਸੇਵਕਾਂ ਉੱਤੇ ਮਿਹਰ ਕਰਦਾ ਹੈ, ਉਹਨਾਂ ਨੂੰ ਮਿਹਰ ਦੀ ਨਜ਼ਰ ਨਾਲ ਵੇਖਦਾ ਹੈ।
5399	132	ਗੁਣ ਗਾਵਹਿ ਪੂਰਨ ਅਬਿਨਾਸੀ ਕਹਿ ਸੁਣਿ ਤੋਟਿ ਨ ਆਵਣਿਆ॥੪॥	(ਤੋਟਿ) ਕਮੀ	Gun Gaavehi Pooran Abinaasee Kehi Sun Thott N Aavaniaa ||4||	I sing the Glorious Praises of the Perfect, Immortal Lord. By speaking and hearing these Praises, they are not used up. ||4||	ਉਹ ਸੇਵਕ ਅਬਿਨਾਸ਼ੀ ਪ੍ਰਭੂ ਦੇ ਗੁਣ ਗਾਂਦੇ ਰਹਿੰਦੇ ਹਨ। (ਹੇ ਭਾਈ! ਪ੍ਰਭੂ ਦੇ ਗੁਣ ਬੇਅੰਤ ਹਨ) ਆਖਣ ਨਾਲ ਸੁਣਨ ਨਾਲ (ਉਸ ਦੇ ਗੁਣਾਂ ਦਾ) ਖ਼ਾਤਮਾ ਨਹੀਂ ਹੋ ਸਕਦਾ ॥੪॥
5400	132	ਐਥੈ ਓਥੈ ਤੂੰਹੈ ਰਖਵਾਲਾ॥		Aithhai Outhhai Thoonhai Rakhavaalaa ||	Here and hereafter, You are our Protector.	ਹੇ ਪ੍ਰਭੂ! ਇਸ ਲੋਕ ਵਿਚ ਪਰਲੋਕ ਵਿਚ ਤੂੰ ਹੀ (ਸਭ ਜੀਵਾਂ ਦਾ) ਰਾਖਾ ਹੈਂ।
5401	132	ਮਾਤ ਗਰਭ ਮਹਿ ਤੁਮ ਹੀ ਪਾਲਾ॥		Maath Garabh Mehi Thum Hee Paalaa ||	In the womb of the mother, You cherish and nurture the baby.	ਮਾਂ ਦੇ ਪੇਟ ਵਿਚ ਤੂੰ ਹੀ (ਜੀਵਾਂ ਦੀ) ਪਾਲਣਾ ਕਰਦਾ ਹੈਂ।
5402	132	ਮਾਇਆ ਅਗਨਿ ਨ ਪੋਹੈ ਤਿਨ ਕਉ ਰੰਗਿ ਰਤੇ ਗੁਣ ਗਾਵਣਿਆ॥੫॥		Maaeiaa Agan N Pohai Thin Ko Rang Rathae Gun Gaavaniaa ||5||	The fire of Maya does not affect those who are imbued with the Lord's Love; they sing His Glorious Praises. ||5||	ਉਹਨਾਂ ਬੰਦਿਆਂ ਨੂੰ ਮਾਇਆ (ਦੀ ਤ੍ਰਿਸ਼ਨਾ) ਦੀ ਅੱਗ ਪੋਹ ਨਹੀਂ ਸਕਦੀ, ਜੇਹੜੇ ਤੇਰੇ ਪ੍ਰੇਮ-ਰੰਗ ਵਿਚ ਰੰਗੇ ਹੋਏ ਤੇਰੇ ਗੁਣ ਗਾਂਦੇ ਰਹਿੰਦੇ ਹਨ ॥੫॥
5403	132	ਕਿਆ ਗੁਣ ਤੇਰੇ ਆਖਿ ਸਮਾਲੀ॥		Kiaa Gun Thaerae Aakh Samaalee ||	What Praises of Yours can I chant and contemplate?	ਹੇ ਪ੍ਰਭੂ! ਮੈਂ ਤੇਰੇ ਕੇਹੜੇ ਕੇਹੜੇ ਗੁਣ ਆਖ ਕੇ ਚੇਤੇ ਕਰਾਂ?

5404	132	ਮਨ ਤਨ ਅੰਤਰਿ ਤੁਧੁ ਨਦਰਿ ਨਿਹਾਲੀ॥		Man Than Anthar Thudhh Nadhar Nihaalee ||	Deep within my mind and body, I behold Your Presence.	ਮੈਂ ਆਪਣੇ ਮਨ ਵਿਚ ਤੇ ਤਨ ਵਿਚ ਤੈਨੂੰ ਹੀ ਵੱਸਦਾ ਵੇਖ ਰਿਹਾ ਹਾਂ।
5405	132	ਤੂੰ ਮੇਰਾ ਮੀਤੁ ਸਾਜਨੁ ਮੇਰਾ ਸੁਆਮੀ ਤੁਧੁ ਬਿਨੁ ਅਵਰੁ ਨ ਜਾਨਣਿਆ॥੬॥		Thoon Maeraa Meeth Saajan Maeraa Suaamee Thudhh Bin Avar N Jaananiaa ||6||	You are my Friend and Companion, my Lord and Master. Without You, I do not know any other at all. ||6||	ਹੇ ਪ੍ਰਭੂ! ਤੂੰ ਹੀ ਮੇਰਾ ਮਾਲਕ ਹੈਂ। ਤੈਥੋਂ ਬਿਨਾ ਮੈਂ ਕਿਸੇ ਹੋਰ ਨੂੰ (ਤੇਰੇ ਵਰਗਾ ਮਿਤ੍ਰ) ਨਹੀਂ ਸਮਝਦਾ ॥੬॥
5406	132	ਜਿਸ ਕਉ ਤੂੰ ਪ੍ਰਭ ਭਇਆ ਸਹਾਈ॥		Jis Ko Thoon Prabh Bhaeiaa Sehaaee ||	O God, that one, unto whom You have given shelter,	ਹੇ ਪ੍ਰਭੂ! ਜਿਸ ਮਨੁੱਖ ਵਾਸਤੇ ਤੂੰ ਰਾਖਾ ਬਣ ਜਾਂਦਾ ਹੈਂ,
5407	132	ਤਿਸੁ ਤਤੀ ਵਾਉ ਨ ਲਗੈ ਕਾਈ॥		This Thathee Vaao N Lagai Kaaee ||	Is not touched by the hot winds.	ਉਸ ਨੂੰ ਕੋਈ ਦੁੱਖ ਕਲੇਸ਼ ਪੋਹ ਨਹੀਂ ਸਕਦਾ।
5408	132	ਤੂੰ ਸਾਹਿਬੁ ਸਰਣਿ ਸੁਖਦਾਤਾ ਸਤਸੰਗਤਿ ਜਪਿ ਪ੍ਰਗਟਾਵਣਿਆ॥੭॥		Thoo Saahib Saran Sukhadhaathaa Sathasangath Jap Pragattaavaniaa ||7||	O my Lord and Master, You are my Sanctuary, the Giver of peace. Chanting, meditating on You in the Sat Sangat, the True Congregation, You are revealed. ||7||	ਤੂੰ ਹੀ ਉਸ ਦਾ ਮਾਲਕ ਹੈ, ਤੂੰ ਹੀ ਉਸ ਦਾ ਰਾਖਾ ਹੈਂ ਤੂੰ ਹੀ ਉਸ ਨੂੰ ਸੁਖ ਦੇਣ ਵਾਲਾ ਹੈਂ। ਸਾਧ ਸੰਗਤਿ ਵਿਚ ਤੇਰਾ ਨਾਮ ਜਪ ਕੇ ਉਹ ਤੈਨੂੰ ਆਪਣੇ ਹਿਰਦੇ ਵਿਚ ਪਰਤੱਖ ਵੇਖਦਾ ਹੈ ॥੭॥

5409	132	ਤੂੰ ਊਚ ਅਥਾਹੁ ਅਪਾਰੁ ਅਮੋਲਾ॥		Thoon Ooch Athhaahu Apaar Amolaa ||	You are Exalted, Unfathomable, Infinite and Invaluable.	ਹੇ ਪ੍ਰਭੂ! (ਆਤਮਕ ਜੀਵਨ ਵਿਚ) ਤੂੰ (ਸਭ ਜੀਵਾਂ ਤੋਂ) ਉੱਚਾ ਹੈਂ। ਤੂੰ (ਮਾਨੋ, ਗੁਣਾਂ ਦਾ ਸਮੁੰਦਰ) ਹੈਂ ਜਿਸ ਦੀ ਡੂੰਘਾਈ ਨਹੀਂ ਲੱਭ ਸਕਦੀ, ਤੇਰੀ ਹਸਤੀ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ।
5410	132	ਤੂੰ ਸਾਚਾ ਸਾਹਿਬੁ ਦਾਸੁ ਤੇਰਾ ਗੋਲਾ॥	(ਗੋਲਾ) ਗੁਲਾਮ ਦਾਸਦਾਸ	Thoon Saachaa Saahib Dhaas Thaeraa Golaa ||	You are my True Lord and Master. I am Your servant and slave.	ਤੇਰਾ ਮੁੱਲ ਨਹੀਂ ਪੈ ਸਕਦਾ (ਕਿਸੇ ਭੀ ਪਦਾਰਥ ਦੇ ਵੱਟੇ ਤੇਰੀ ਪ੍ਰਾਪਤੀ ਨਹੀਂ ਹੋ ਸਕਦੀ)। ਤੂੰ ਸਦਾ ਕਾਇਮ ਰਹਿਣ ਵਾਲਾ ਮਾਲਕ ਹੈਂ। ਮੈਂ ਤੇਰਾ ਦਾਸ ਹਾਂ, ਗ਼ੁਲਾਮ ਹਾਂ।
5411	132	ਤੂੰ ਮੀਰਾ ਸਾਚੀ ਠਕੁਰਾਈ ਨਾਨਕ ਬਲਿ ਬਲਿ ਜਾਵਣਿਆ॥੮॥੩॥ ੩੭॥	(ਮੀਰਾ) ਮਾਲਕ। (ਠਕੁਰਾਈ) ਸਾਹਿਬੀ	Thoon Meeraa Saachee Thakuraaee Naanak Bal Bal Jaavaniaa ||8||3||37||	You are the King, Your Sovereign Rule is True. Nanak is a sacrifice, a sacrifice to You. ||8||3||37||	ਹੇ ਨਾਨਕ! (ਆਖ-ਹੇ ਪ੍ਰਭੂ! ਤੂੰ (ਮੇਰਾ) ਮਾਲਕ ਹੈ, ਤੇਰੀ ਸਦਾ ਮਾਲਕੀ ਕਾਇਮ ਰਹਿਣ ਵਾਲੀ ਹੈ, ਮੈਂ ਤੈਥੋਂ ਸਦਾ ਸਦਕੇ ਹਾਂ ਕੁਰਬਾਨ ਹਾਂ ॥੮॥੩॥੩੭॥
5412	132	ਮਾਝ ਮਹਲਾ ੫ ਘਰੁ ੨॥		Maajh Mehalaa 5 Ghar 2 ||	Maajh, Fifth Mehl, Second House:	
5413	132	ਨਿਤ ਨਿਤ ਦਯੁ ਸਮਾਲੀਐ॥	(ਦ-ਯੁ)ਕ੍ਰਿਪਾਲੂ ਵਾਹਿਗੁਰੂ ਜੀ। ਦੱਦਾ ਮੁਕਤਾ, ਯੁ ਔਂਕੜ ਸਹਿਤ ਤਾਲੂ ਤੋਂ ਬੋਲੋ	Nith Nith Dhay Samaaleeai ||	Continually, continuously, remember the Merciful Lord.	(ਹੇ ਭਾਈ!) ਸਦਾ ਹੀ ਉਸ ਪਰਮਾਤਮਾ ਨੂੰ ਹਿਰਦੇ ਵਿਚ ਵਸਾਣਾ ਚਾਹੀਦਾ ਹੈ ਜੋ ਸਭ ਜੀਵਾਂ ਉੱਤੇ ਤਰਸ ਕਰਦਾ ਹੈ।

5414	132	ਮੂਲਿ ਨ ਮਨਹੁ ਵਿਸਾਰੀਐ॥ਰਹਾਉ॥	(ਮੂਲਿ) ਕਦੇ ਭੀ	Mool N Manahu Visaareeai || Rehaao ||	Never forget Him from your mind. ||Pause||	ਉਸ ਨੂੰ ਆਪਣੇ ਮਨ ਤੋਂ ਭੁਲਾਣਾ ਨਹੀਂ ਚਾਹੀਦਾ।ਰਹਾਉ।
5415	132	ਸੰਤਾ ਸੰਗਤਿ ਪਾਈਐ॥		Santhaa Sangath Paaeeai ||	Join the Society of the Saints,	(ਹੇ ਭਾਈ!) ਸੰਤ ਜਨਾਂ ਦੀ ਸੰਗਤਿ ਵਿਚ ਰਿਹਾਂ ਪਰਮਾਤਮਾ ਦਾ ਨਾਮ ਮਿਲਦਾ ਹੈ।
5416	132	ਜਿਤੁ ਜਮ ਕੈ ਪੰਥਿ ਨ ਜਾਈਐ॥		Jith Jam Kai Panthh N Jaaeeai ||	And you shall not have to go down the path of Death.	ਸਾਧ ਸੰਗਤਿ ਦੀ ਬਰਕਤਿ ਨਾਲ ਆਤਮਕ ਮੌਤ ਵਲ ਲੈ ਜਾਣ ਵਾਲੇ ਰਸਤੇ ਉੱਤੇ ਨਹੀਂ ਪਈਦਾ।
5417	132	ਤੋਸਾ ਹਰਿ ਕਾ ਨਾਮੁ ਲੈ ਤੇਰੇ ਕੁਲਹਿ ਨ ਲਾਗੈ ਗਾਲਿ ਜੀਉ॥੧॥	(ਤੋਸਾ) ਸਫ਼ਰ ਵਾਸਤੇ ਖਰਚ	Thosaa Har Kaa Naam Lai Thaerae Kulehi N Laagai Gaal Jeeo ||1||	Take the Provisions of the Lord's Name with you, and no stain shall attach itself to your family. ||1||	(ਹੇ ਭਾਈ! ਜੀਵਨ-ਸਫ਼ਰ ਵਾਸਤੇ) ਪਰਮਾਤਮਾ ਦਾ ਨਾਮ ਖ਼ਰਚ (ਆਪਣੇ ਪੱਲੇ ਬੰਨ੍ਹ) ਲੈ, (ਇਸ ਤਰ੍ਹਾਂ) ਤੇਰੀ ਕੁਲ ਨੂੰ (ਭੀ) ਕੋਈ ਬਦਨਾਮੀ ਨਹੀਂ ਆਵੇਗੀ ॥੧॥
5418	132	ਜੋ ਸਿਮਰੰਦੇ ਸਾਂਈਐ॥		Jo Simarandhae Saaneeai ||	Those who meditate on the Master	ਜੇਹੜੇ ਮਨੁੱਖ ਖਸਮ-ਪਰਮਾਤਮਾ ਦਾ ਸਿਮਰਨ ਕਰਦੇ ਹਨ,
5419	132	ਨਰਕਿ ਨ ਸੇਈ ਪਾਈਐ॥		Narak N Saeee Paaeeai ||	Shall not be thrown down into hell.	ਉਹਨਾਂ ਨੂੰ ਨਰਕ ਵਿਚ ਨਹੀਂ ਪਾਇਆ ਜਾਂਦਾ।

5420	132	ਤਤੀ ਵਾਉ ਨ ਲਗਈ ਜਿਨ ਮਨਿ ਵੁਠਾ ਆਇ ਜੀਉ॥੨॥	(ਵੁੱਠਾ) ਵਸੇ	Thathee Vaao N Lagee Jin Man Vuthaa Aae Jeeo ||2||	Even the hot winds shall not touch them. The Lord has come to dwell within their minds. ||2||	(ਹੇ ਭਾਈ!) ਜਿੰਨ੍ਹਾਂ ਦੇ ਮਨ ਵਿਚ ਪਰਮਾਤਮਾ ਆ ਵੱਸਦਾ ਹੈ, ਉਹਨਾਂ ਨੂੰ ਕੋਈ ਦੁੱਖ-ਕਲੇਸ਼ ਪੋਹ ਨਹੀਂ ਸਕਦਾ ॥੨॥
5421	132	ਸੇਈ ਸੁੰਦਰ ਸੋਹਣੇ॥		Saeee Sundhar Sohanae ||	They alone are beautiful and attractive,	ਉਹੀ ਮਨੁੱਖ ਸੋਹਣੇ ਸੁੰਦਰ (ਜੀਵਨ ਵਾਲੇ) ਹਨ,
5422	132	ਸਾਧਸੰਗਿ ਜਿਨ ਬੈਹਣੇ॥		Saadhhasang Jin Baihanae ||	Who abide in the Saadh Sangat, the Company of the Holy.	ਜਿਨ੍ਹਾਂ ਦਾ ਬਹਣ ਖਲੋਣ ਸਾਧ ਸੰਗਤਿ ਵਿਚ ਹੈ।
5423	132	ਹਰਿ ਧਨੁ ਜਿਨੀ ਸੰਜਿਆ ਸੇਈ ਗੰਭੀਰ ਅਪਾਰ ਜੀਉ॥੩॥	(ਸੰਜਿਆ) ਇਕੱਠਾ ਕੀਤਾ। (ਅਪਾਰ) ਬੇਅੰਤ (ਗੰਭੀਰ) ਅਡੋਲ ਅਹਿੱਲ ਗੁਰਮੁਖਿ	Har Dhhan Jinee Sanjiaa Saeee Ganbheer Apaar Jeeo ||3||	Those who have gathered in the wealth of the Lord's Name- they alone are deep and thoughtful and vast. ||3||	ਜਿਨ੍ਹਾਂ ਬੰਦਿਆਂ ਨੇ ਪਰਮਾਤਮਾ ਦਾ ਨਾਮ ਧਨ ਇਕੱਠਾ ਕਰ ਲਿਆ, ਉਹ ਬੇਅੰਤ ਡੂੰਘੇ ਜਿਗਰੇ ਵਾਲੇ ਬਣ ਜਾਂਦੇ ਹਨ ॥੩॥
5424	132	ਹਰਿ ਅਮਿਉ ਰਸਾਇਣੁ ਪੀਵੀਐ॥	(ਅਮਿਉ) ਅੰਮ੍ਰਿਤ। (ਰਸਾਇਣੁ) ਰਸਾਂ ਦੇ ਘਰ ਰਾਮ ਜੀ	Har Amio Rasaaein Peeveeai ||	Drink in the Ambrosial Essence of the Name,	(ਹੇ ਭਾਈ!) ਪਰਮਾਤਮਾ ਦਾ ਨਾਮ ਅੰਮ੍ਰਿਤ ਪੀਣਾ ਚਾਹੀਦਾ ਹੈ, (ਇਹ ਨਾਮ-ਅੰਮ੍ਰਿਤ) ਸਾਰੇ ਰਸਾਂ ਦਾ ਸੋਮਾ ਹੈ।
5425	132	ਮੁਹਿ ਡਿਠੈ ਜਨ ਕੈ ਜੀਵੀਐ॥		Muhi Ddithai Jan Kai Jeeveeai ||	And live by beholding the face of the Lord's servant.	(ਹੇ ਭਾਈ!) ਪਰਮਾਤਮਾ ਦੇ ਸੇਵਕ ਦਾ ਦਰਸਨ ਕੀਤਿਆਂ ਆਤਮਕ ਜੀਵਨ ਮਿਲਦਾ ਹੈ,

5426	132	ਕਾਰਜ ਸਭਿ ਸਵਾਰਿ ਲੈ ਨਿਤ ਪੂਜਹੁ ਗੁਰ ਕੇ ਪਾਵ ਜੀਉ॥੪॥		Kaaraj Sabh Savaar Lai Nith Poojahu Gur Kae Paav Jeeo ||4||	Let all your affairs be resolved, by continually worshipping the Feet of the Guru. ||4||	(ਇਸ ਵਾਸਤੇ ਤੂੰ ਭੀ) ਸਦਾ ਗੁਰੂ ਦੇ ਪੈਰ ਪੂਜ (ਗੁਰੂ ਦੀ ਸਰਨ ਪਿਆ ਰਹੁ, ਤੇ ਇਸ ਤਰ੍ਹਾਂ) ਆਪਣੇ ਸਾਰੇ ਕੰਮ ਸਿਰੇ ਚਾੜ੍ਹ ਲੈ ॥੪॥
5427	132	ਜੋ ਹਰਿ ਕੀਤਾ ਆਪਣਾ॥		Jo Har Keethaa Aapanaa ||	He alone meditates on the Lord of the World,	ਜਿਸ ਮਨੁੱਖ ਨੂੰ ਪਰਮਾਤਮਾ ਨੇ ਆਪਣਾ (ਸੇਵਕ) ਬਣਾ ਲਿਆ ਹੈ,
5428	132	ਤਿਨਹਿ ਗੁਸਾਈ ਜਾਪਣਾ॥	ਗੁਸਾਂਈਂ	Thinehi Gusaaee Jaapanaa ||	Whom the Lord has made His Own.	ਉਸ ਨੇ ਹੀ ਖਸਮ-ਪ੍ਰਭੂ ਦਾ ਸਿਮਰਨ ਕਰਦੇ ਰਹਿਣਾ ਹੈ।
5429	132	ਸੋ ਸੂਰਾ ਪਰਧਾਨੁ ਸੋ ਮਸਤਕਿ ਜਿਸ ਦੈ ਭਾਗੁ ਜੀਉ॥੫॥		So Sooraa Paradhhaan So Masathak Jis Dhai Bhaag Jeeo ||5||	He alone is a warrior, and he alone is the chosen one, upon whose forehead good destiny is recorded. ||5||	ਜਿਸ ਮਨੁੱਖ ਦੇ ਮੱਥੇ ਉੱਤੇ (ਪ੍ਰਭੂ ਦੀ ਇਸ ਦਾਤ ਦਾ) ਭਾਗ ਜਾਗ ਪਏ, ਉਹ (ਵਿਕਾਰਾਂ ਦਾ ਟਾਕਰਾ ਕਰ ਸਕਣ ਦੇ ਸਮਰੱਥ) ਸੂਰਮਾ ਬਣ ਜਾਂਦਾ ਹੈ ਉਹ (ਮਨੁੱਖਾਂ ਵਿਚ) ਸ੍ਰੇਸ਼ਟ ਮਨੁੱਖ ਮੰਨਿਆ ਜਾਂਦਾ ਹੈ ॥੫॥
5430	132	ਮਨ ਮੰਧੇ ਪ੍ਰਭੁ ਅਵਗਾਹੀਆ॥	(ਮੰਧੇ) ਵਿੱਚ। (ਅਵਗਾਹੀਆ) ਖੋਜ ਕਰਨੀ	Man Mandhhae Prabh Avagaaheeaa ||	Within my mind, I meditate on God.	ਹੇ ਭਾਈ! ਆਪਣੇ ਮਨ ਵਿਚ ਹੀ ਚੁੱਭੀ ਲਾਉ ਤੇ ਪ੍ਰਭੂ ਦਾ ਦਰਸਨ ਕਰੋ।
5431	132	ਏਹਿ ਰਸ ਭੋਗਣ ਪਾਤਿਸਾਹੀਆ॥		Eaehi Ras Bhogan Paathisaaheeaa ||	For me, this is like the enjoyment of princely pleasures.	ਇਹੀ ਹੈ ਦੁਨੀਆ ਦੇ ਸਾਰੇ ਰਸਾਂ ਦੇ ਭੋਗ ਇਹੀ ਹੈ ਦੁਨੀਆ ਦੀਆਂ ਬਾਦਸ਼ਾਹੀਆਂ।

5432	132	ਮੰਦਾ ਮੂਲਿ ਨ ਉਪਜਿਓ ਤਰੇ ਸਚੀ ਕਾਰੈ ਲਾਗਿ ਜੀਉ॥੬॥		Mandhaa Mool N Oupajiou Tharae Sachee Kaarai Laag Jeeo ||6||	Evil does not well up within me, since I am saved, and dedicated to truthful actions. ||6||	(ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਨੂੰ ਆਪਣੇ ਅੰਦਰ ਹੀ ਵੇਖ ਲਿਆ, ਉਹਨਾਂ ਦੇ ਮਨ ਵਿਚ) ਕਦੇ ਕੋਈ ਵਿਕਾਰ ਪੈਦਾ ਨਹੀਂ ਹੁੰਦਾ, ਉਹ ਸਿਮਰਨ ਦੀ ਸੱਚੀ ਕਾਰ ਵਿਚ ਲੱਗ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ ॥੬॥
5433	132	ਕਰਤਾ ਮੰਨਿ ਵਸਾਇਆ॥		Karathaa Mann Vasaaeiaa ||	I have enshrined the Creator within my mind;	ਜਿਸ ਮਨੁੱਖ ਨੇ ਕਰਤਾਰ ਨੂੰ ਆਪਣੇ ਮਨ ਵਿਚ ਵਸਾ ਲਿਆ,
5434	132	ਜਨਮੈ ਕਾ ਫਲੁ ਪਾਇਆ॥		Janamai Kaa Fal Paaeiaa ||	I have obtained the fruits of life's rewards.	ਉਸ ਨੇ ਮਨੁੱਖਾ ਜਨਮ ਦਾ ਫਲ ਪ੍ਰਾਪਤ ਕਰ ਲਿਆ।
5435	132	ਮਨਿ ਭਾਵੰਦਾ ਕੰਤੁ ਹਰਿ ਤੇਰਾ ਥਿਰੁ ਹੋਆ ਸੋਹਾਗੁ ਜੀਉ॥੭॥		Man Bhaavandhaa Kanth Har Thaeraa Thhir Hoaa Sohaag Jeeo ||7||	If your Husband Lord is pleasing to your mind, then your married life shall be eternal. ||7||	(ਹੇ ਜੀਵ-ਇਸਤ੍ਰੀ!) ਜੇ ਤੈਨੂੰ ਕੰਤ-ਹਰੀ ਆਪਣੇ ਮਨ ਵਿਚ ਪਿਆਰਾ ਲੱਗਣ ਲੱਗ ਪਏ ਤਾਂ ਤੇਰਾ ਇਹ ਸੁਹਾਗ ਸਦਾ ਲਈ (ਤੇਰੇ ਸਿਰ ਉੱਤੇ) ਕਾਇਮ ਰਹੇਗਾ ॥੭॥
5436	132	ਅਟਲ ਪਦਾਰਥੁ ਪਾਇਆ॥	ਅ-ਟਲ	Attal Padhaarathh Paaeiaa ||	I have obtained everlasting wealth;	(ਪਰਮਾਤਮਾ ਦਾ ਨਾਮ ਸਦਾ ਕਾਇਮ ਰਹਿਣ ਵਾਲਾ ਧਨ ਹੈ, ਜਿਨ੍ਹਾਂ ਨੇ) ਇਹ ਸਦਾ ਕਾਇਮ ਰਹਿਣ ਵਾਲਾ ਧਨ ਲੱਭ ਲਿਆ,
5437	132	ਭੈ ਭੰਜਨ ਕੀ ਸਰਣਾਇਆ॥		Bhai Bhanjan Kee Saranaaeiaa ||	I have found the Sanctuary of the Dispeller of fear.	ਜੇਹੜੇ ਬੰਦੇ ਸਾਰੇ ਡਰ ਨਾਸ ਕਰਨ ਵਾਲੇ ਪਰਮਾਤਮਾ ਦੀ ਸਰਨ ਆ ਗਏ,

5438	132	ਲਾਇ ਅੰਚਲਿ ਨਾਨਕ ਤਾਰਿਅਨੁ ਜਿਤਾ ਜਨਮੁ ਅਪਾਰ ਜੀਉ॥੮॥੪॥੩੮॥	(ਅੰਚਲਿ) ਪੱਲੇ	Laae Anchal Naanak Thaarian Jithaa Janam Apaar Jeeo ||8||4||38||	Grasping hold of the hem of the Lord's robe, Nanak is saved. He has won the incomparable life. ||8||4||38||	ਉਹਨਾਂ ਨੂੰ, ਹੇ ਨਾਨਕ! ਪਰਮਾਤਮਾ ਨੇ ਆਪਣੇ ਲੜ ਲਾ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲਿਆ। ਉਹਨਾਂ ਨੇ ਮਨੁੱਖਾ ਜਨਮ ਦੀ ਬਾਜ਼ੀ ਜਿੱਤ ਲਈ ॥੮॥੪॥੩੮॥
5439	132	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	
5440	132	ਮਾਝ ਮਹਲਾ ੫ ਘਰੁ ੩॥		Maajh Mehalaa 5 Ghar 3 ||	Maajh, Fifth Mehl, Third House:	
5441	132	ਹਰਿ ਜਪਿ ਜਪੇ ਮਨਿ ਧੀਰੇ॥੧॥ਰਹਾਉ॥	(ਧੀਰੇ) ਧੀਰਜ ਕਰਦਾ, ਸ਼ਾਂਤ ਹੁੰਦਾ	Har Jap Japae Man Dhheerae ||1|| Rehaao ||	Chanting and meditating on the Lord, the mind is held steady. ||1||Pause||	ਪਰਮਾਤਮਾ ਦਾ ਨਾਮ ਜਪ ਜਪ ਕੇ (ਮਨੁੱਖ ਦਾ) ਮਨ ਧੀਰਜਵਾਨ ਹੋ ਜਾਂਦਾ ਹੈ (ਦੁਨੀਆ ਦੇ ਸੁੱਖਾਂ ਦੁੱਖਾਂ ਵਿਚ ਡੋਲਦਾ ਨਹੀਂ) ॥੧॥ ਰਹਾਉ ॥
5442	132	ਸਿਮਰਿ ਸਿਮਰਿ ਗੁਰਦੇਉ ਮਿਟਿ ਗਏ ਭੈ ਦੂਰੇ॥੧॥		Simar Simar Guradhaeo Mitt Geae Bhai Dhoorae ||1||	Meditating, meditating in remembrance on the Divine Guru, one's fears are erased and dispelled. ||1||	ਸਭ ਤੋਂ ਵੱਡੇ ਅਕਾਲਪੁਰਖ ਨੂੰ ਸਿਮਰ ਸਿਮਰ ਕੇ ਸਾਰੇ ਡਰ ਸਹਮ ਮਿਟ ਜਾਂਦੇ ਹਨ, ਦੂਰ ਹੋ ਜਾਂਦੇ ਹਨ ॥੧॥

5443	132	ਸਰਨਿ ਆਵੈ ਪਾਰਬ੍ਰਹਮ ਕੀ ਤਾ ਫਿਰਿ ਕਾਹੇ ਝੂਰੇ॥੨॥	(ਝੂਰੇ) ਪਛੁਤਾਵੇ	Saran Aavai Paarabreham Kee Thaa Fir Kaahae Jhoorae ||2||	Entering the Sanctuary of the Supreme Lord God, how could anyone feel grief any longer? ||2||	ਜਦੋਂ ਮਨੁੱਖ ਪਰਮਾਤਮਾ ਦਾ ਆਸਰਾ ਲੈ ਲੈਂਦਾ ਹੈ, ਉਸ ਨੂੰ ਕੋਈ ਚਿੰਤਾ ਝੋਰਾ ਨਹੀਂ ਪੋਹ ਸਕਦਾ ॥੨॥
5444	133	ਚਰਨ ਸੇਵ ਸੰਤ ਸਾਧ ਕੇ ਸਗਲ ਮਨੋਰਥ ਪੂਰੇ॥੩॥		Charan Saev Santh Saadhh Kae Sagal Manorathh Poorae ||3||	Serving at the Feet of the Holy Saints, all desires are fulfilled. ||3||	ਗੁਰੂ ਦੇ ਚਰਨਾਂ ਦੀ ਸੇਵਾ ਕੀਤਿਆਂ (ਗੁਰੂ ਦਾ ਦਰ ਮੰਨਿਆਂ) ਮਨੁੱਖ ਦੇ ਮਨ ਦੀਆਂ ਸਾਰੀਆਂ ਲੋੜਾਂ ਪੂਰੀਆਂ ਹੋ ਜਾਂਦੀਆਂ ਹਨ ॥੩॥
5445	133	ਘਟਿ ਘਟਿ ਏਕੁ ਵਰਤਦਾ ਜਲਿ ਥਲਿ ਮਹੀਅਲਿ ਪੂਰੇ॥੪॥	(ਮਹੀਅਲਿ) (ਮਹੀ+ਅਲਿ) (ਮਹੀ) ਧਰਤੀ (ਅਲਿ) ਅਕਾਸ਼	Ghatt Ghatt Eaek Varathadhaa Jal Thhal Meheeal Poorae ||4||	In each and every heart, the One Lord is pervading. He is totally permeating the water, the land, and the sky. ||4||	(ਇਹ ਨਿਸਚਾ ਬਣ ਜਾਂਦਾ ਹੈ ਕਿ) ਹਰੇਕ ਸਰੀਰ ਵਿਚ ਪਰਮਾਤਮਾ ਹੀ ਵੱਸ ਰਿਹਾ ਹੈ, ਜਲ ਵਿਚ ਧਰਤੀ ਵਿਚ ਆਕਾਸ਼ ਵਿਚ ਪਰਮਾਤਮਾ ਹੀ ਵਿਆਪਕ ਹੈ ॥੪॥
5446	133	ਪਾਪ ਬਿਨਾਸਨੁ ਸੇਵਿਆ ਪਵਿਤ੍ਰ ਸੰਤਨ ਕੀ ਧੂਰੇ॥੫॥		Paap Binaasan Saeviaa Pavithr Santhan Kee Dhhoorae ||5||	I serve the Destroyer of sin, and I am sanctified by the dust of the feet of the Saints. ||5||	ਜੇਹੜੇ ਮਨੁੱਖ ਸੰਤ ਜਨਾਂ ਦੀ ਚਰਨ ਧੂੜ ਲੈ ਕੇ ਸਾਰੇ ਪਾਪਾਂ ਦੇ ਨਾਸ ਕਰਨ ਵਾਲੇ ਪਰਮਾਤਮਾ ਨੂੰ ਸਿਮਰਦੇ ਹਨ, ਉਹ ਸੁੱਚੇ ਜੀਵਨ ਵਾਲੇ ਬਣ ਜਾਂਦੇ ਹਨ ॥੫॥
5447	133	ਸਭ ਛਡਾਈ ਖਸਮਿ ਆਪਿ ਹਰਿ ਜਪਿ ਭਈ ਠਰੂਰੇ॥੬॥	(ਠਰੂਰੇ) ਸ਼ਾਂਤ	Sabh Shhaddaaee Khasam Aap Har Jap Bhee Tharoorae ||6||	My Lord and Master Himself has saved me completely; I am comforted by meditating on the Lord. ||6||	ਪਰਮਾਤਮਾ ਦਾ ਨਾਮ ਜਪ ਕੇ ਸਾਰੀ ਲੁਕਾਈ ਸੀਤਲ-ਮਨ ਹੋ ਜਾਂਦੀ ਹੈ, ਉਸ ਸਾਰੀ ਲੁਕਾਈ ਨੂੰ ਖਸਮ ਪ੍ਰਭੂ ਨੇ (ਵਿਕਾਰਾਂ ਦੀ ਤਪਸ਼ ਤੋਂ) ਬਚਾ ਲਿਆ ॥੬॥

5448	133	ਕਰਤੈ ਕੀਆ ਤਪਾਵਸੋ ਦੁਸਟ ਮੁਏ ਹੋਇ ਮੂਰੇ॥੭॥	(ਤਪਾਵਸੋ) ਇਨਸਾਫ਼। ਮਰ ਕੇ ਜਾਨ ਰਹਿਤ (ਮੂਰੇ) ਬੁੱਤ ਜੜ੍ਹ ਹੋ ਗਏ	Karathai Keeaa Thapaavaso Dhusatt Mueae Hoe Moorae ||7||	The Creator has passed judgement, and the evil-doers have been silenced and killed. ||7||	ਕਰਤਾਰ ਨੇ ਇਹ (ਚੰਗਾ) ਨਿਆਂ ਕੀਤਾ ਹੈ ਕਿ ਵਿਕਾਰੀ ਮਨੁੱਖ ਵੇਖਣ ਨੂੰ ਹੀ ਜੀਊਂਦੇ ਦਿੱਸ ਕੇ ਆਤਮਕ ਮੌਤੇ ਮਰ ਜਾਂਦੇ ਹਨ ॥੭॥
5449	133	ਨਾਨਕ ਰਤਾ ਸਚਿ ਨਾਇ ਹਰਿ ਵੇਖੈ ਸਦਾ ਹਜੂਰੇ॥੮॥੫॥੩੯॥ ੧॥੩੨॥੧॥੫॥੩੯॥		Naanak Rathaa Sach Naae Har Vaekhai Sadhaa Hajoorae ||8||5||39||1||32||1||5||39||	Nanak is attuned to the True Name; he beholds the Presence of the Ever-present Lord. ||8||5||39||1||32||1||5||39||	ਹੇ ਨਾਨਕ! ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਲੀਨ ਹੁੰਦਾ ਹੈ, ਉਹ ਉਸ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਵੇਖਦਾ ਹੈ ॥੮॥੫॥੩੯॥
5450	133	ਬਾਰਹ ਮਾਹਾ ਮਾਂਝ ਮਹਲਾ ੫ ਘਰੁ ੪		Baareh Maahaa Maanjh Mehalaa 5 Ghar 4	Baarah Maahaa ~ The Twelve Months: Maajh, Fifth Mehl, Fourth House:	
5451	133	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	

5452	133	ਕਿਰਤਿ ਕਰਮ ਕੇ ਵੀਛੁੜੇ ਕਰਿ ਕਿਰਪਾ ਮੇਲਹੁ ਰਾਮ॥	(ਕਿਰਤਿ) ਕੀਤੇ ਹੋਏ (ਕਰਮ) ਕੰਮ	Kirath Karam Kae Veeshhurrae Kar Kirapaa Maelahu Raam ||	By the actions we have committed, we are separated from You. Please show Your Mercy, and unite us with Yourself, Lord.	ਹੇ ਪ੍ਰਭੂ! ਅਸੀਂ ਆਪਣੇ ਕਰਮਾਂ ਦੀ ਕਮਾਈ ਅਨੁਸਾਰ (ਤੈਥੋਂ) ਵਿੱਛੁੜੇ ਹੋਏ ਹਾਂ (ਤੈਨੂੰ ਵਿਸਾਰੀ ਬੈਠੇ ਹਾਂ), ਮਿਹਰ ਕਰ ਕੇ ਸਾਨੂੰ ਆਪਣੇ ਨਾਲ ਮਿਲਾਵੇ।
5453	133	ਚਾਰਿ ਕੁੰਟ ਦਹ ਦਿਸ ਭ੍ਰਮੇ ਥਕਿ ਆਏ ਪ੍ਰਭ ਕੀ ਸਾਮ॥	(ਕੁੰਟ) ਦਿਸ਼ਾ।ਉੱਤ੍ਰ ਦੱਖਣ ਪੂਰਬ ਪੱਛਮ, ਉੱਤ੍ਰ ਪੂਰਬ ਵਿਚਾਲੇ ਈਸਾਨ ਕੋਣ, ਪੂਰਬ ਦੱਖਣ ਮਧ ਅਗਨਿ ਕੋਣ, ਦੱਖਣ ਪੱਛਮ ਮਧ ਨੈਰਿਤੀ ਕੋਣ, ਪੱਛਮ ਉੱਤ੍ਰ ਮਧ ਵਾਇਵੀ ਕੋਣ, ਜ਼ਮੀਨ ਤੇ ਅਸਮਾਨ (ਦਹ) ਦਸ (ਦਿਸ) ਦਿਸ਼ਾਂ ਹਨ। (ਸਾਮ) ਸ਼ਰਨ	Chaar Kuntt Dheh Dhis Bhramae Thhak Aaeae Prabh Kee Saam ||	We have grown weary of wandering to the four corners of the earth and in the ten directions. We have come to Your Sanctuary, God.	(ਮਾਇਆ ਦੇ ਮੋਹ ਵਿਚ ਫਸ ਕੇ) ਚੁਫੇਰੇ ਹਰ ਪਾਸੇ (ਸੁਖਾਂ ਦੀ ਖ਼ਾਤਰ) ਭਟਕਦੇ ਰਹੇ ਹਾਂ, ਹੁਣ, ਹੇ ਪ੍ਰਭੂ! ਥੱਕ ਕੇ ਤੇਰੀ ਸਰਨ ਆਏ ਹਾਂ।
5454	133	ਧੇਨੁ ਦੁਧੈ ਤੇ ਬਾਹਰੀ ਕਿਤੈ ਨ ਆਵੈ ਕਾਮ॥	(ਧੇਨੁ) ਗਊ	Dhhaen Dhudhhai Thae Baaharee Kithai N Aavai Kaam ||	Without milk, a cow serves no purpose.	(ਜਿਵੇਂ) ਦੁੱਧ ਤੋਂ ਸੱਖਣੀ ਗਾਂ ਕਿਸੇ ਕੰਮ ਨਹੀਂ ਆਉਂਦੀ,

5455	133	ਜਲ ਬਿਨੁ ਸਾਖ ਕੁਮਲਾਵਤੀ ਉਪਜਹਿ ਨਾਹੀ ਦਾਮ॥	(ਸਾਖ) ਖੇਤੀ। (ਦਾਮ) ਧਨ	Jal Bin Saakh Kumalaavathee Oupajehi Naahee Dhaam ||	Without water, the crop withers, and it will not bring a good price.	(ਜਿਵੇਂ) ਪਾਣੀ ਤੋਂ ਬਿਨਾ ਖੇਤੀ ਸੁੱਕ ਜਾਂਦੀ ਹੈ (ਫ਼ਸਲ ਨਹੀਂ ਪੱਕਦੀ, ਤੇ ਉਸ ਖੇਤੀ ਵਿਚੋਂ) ਧਨ ਦੀ ਕਮਾਈ ਨਹੀਂ ਹੋ ਸਕਦੀ, (ਤਿਵੇਂ ਪ੍ਰਭੂ ਦੇ ਨਾਮ ਤੋਂ ਬਿਨਾ ਸਾਡਾ ਜੀਵਨ ਵਿਅਰਥ ਚਲਾ ਜਾਂਦਾ ਹੈ)।
5456	133	ਹਰਿ ਨਾਹ ਨ ਮਿਲੀਐ ਸਾਜਨੈ ਕਤ ਪਾਈਐ ਬਿਸਰਾਮ॥	(ਨਾਹ) ਪਤੀ ਪ੍ਰਮੇਸਰ। (ਬਿਸਰਾਮ) ਅਰਾਮ, ਸ਼ਾਂਤੀ। ਕਤ: ਪੋਲਾ ਬੋਲੋ। (ਦੂਜਾ ਪਾਠ: ਨਾਹਨ)	Har Naah N Mileeai Saajanai Kath Paaeeai Bisaraam ||	If we do not meet the Lord, our Friend, how can we find our place of rest?	ਸੱਜਣ ਖਸਮ-ਪ੍ਰਭੂ ਨੂੰ ਮਿਲਣ ਤੋਂ ਬਿਨਾ ਕਿਸੇ ਹੋਰ ਥਾਂ ਸੁਖ ਭੀ ਨਹੀਂ ਮਿਲਦਾ।
5457	133	ਜਿਤੁ ਘਰਿ ਹਰਿ ਕੰਤੁ ਨ ਪ੍ਰਗਟਈ ਭਠਿ ਨਗਰ ਸੇ ਗ੍ਰਾਮ॥	(ਭੱਠਿ) ਤਪਦੀ ਭੱਠੀ। (ਗ੍ਰਾਮ) ਪਿੰਡ। ਜਿਤੁ: ਪੋਲਾ ਬੋਲੋ। ਨੱਗਰ	Jith Ghar Har Kanth N Pragattee Bhath Nagar Sae Graam ||	Those homes, those hearts, in which the Husband Lord is not manifest-those towns and villages are like burning furnaces.	(ਸੁਖ ਮਿਲੇ ਭੀ ਕਿਵੇਂ?) ਜਿਸ ਹਿਰਦੇ-ਘਰ ਵਿਚ ਪਤੀ ਪ੍ਰਭੂ ਨਾ ਆ ਵੱਸੇ, ਉਸ ਦੇ ਭਾ ਦੇ (ਵੱਸਦੇ) ਪਿੰਡ ਤੇ ਸ਼ਹਰ ਤੱਪਦੀ ਭੱਠੀ ਵਰਗੇ ਹੁੰਦੇ ਹਨ।
5458	133	ਸ੍ਰਬ ਸੀਗਾਰ ਤੰਬੋਲ ਰਸ ਸਣੁ ਦੇਹੀ ਸਭ ਖਾਮ॥	(ਸ੍ਰਬ) ਸਾਰੇ। (ਤੰਬੋਲ) ਪਾਨ। (ਸਣੁ) ਸਣੇ। (ਖਾਮ) ਕੱਚੇ ਨਾਸਵੰਤ	Srab Seegaar Thanbol Ras San Dhaehee Sabh Khaam ||	All decorations, the chewing of betel to sweeten the breath, and the body itself, are all useless and vain.	(ਇਸਤ੍ਰੀ ਨੂੰ ਪਤੀ ਤੋਂ ਬਿਨਾ) ਸਰੀਰ ਦੇ ਸਾਰੇ ਸ਼ਿੰਗਾਰ ਪਾਨਾਂ ਦੇ ਬੀੜੇ ਤੇ ਹੋਰ ਰਸ (ਆਪਣੇ) ਸਰੀਰ ਸਮੇਤ ਹੀ ਵਿਅਰਥ ਦਿੱਸਦੇ ਹਨ,

5459	133	ਪ੍ਰਭ ਸੁਆਮੀ ਕੰਤ ਵਿਹੂਣੀਆ ਮੀਤ ਸਜਣ ਸਭਿ ਜਾਮ॥	(ਵਿਹੂਣੀਆ) ਬਿਨਾ। (ਜਾਮ) ਜਮ ਰੂਪ	Prabh Suaamee Kanth Vihooneeaa Meeth Sajan Sabh Jaam ||	Without God, our Husband, our Lord and Master, all friends and companions are like the Messenger of Death.	(ਤਿਵੇਂ) ਮਾਲਕ ਖਸਮ-ਪ੍ਰਭੂ (ਦੀ ਯਾਦ) ਤੋਂ ਬਿਨਾ ਸਾਰੇ ਸੱਜਣ ਮਿਤ੍ਰ ਜਿੰਦ ਦੇ ਵੈਰੀ ਹੋ ਢੁਕਦੇ ਹਨ।
5460	133	ਨਾਨਕ ਕੀ ਬੇਨੰਤੀਆ ਕਰਿ ਕਿਰਪਾ ਦੀਜੈ ਨਾਮੁ॥		Naanak Kee Baenantheeaa Kar Kirapaa Dheejai Naam ||	This is Nanak's prayer: "Please show Your Mercy, and bestow Your Name.	(ਤਾਹੀਏਂ) ਨਾਨਕ ਦੀ ਬੇਨਤੀ ਹੈ ਕਿ (ਹੇ ਪ੍ਰਭੂ!) ਕਿਰਪਾ ਕਰ ਕੇ ਆਪਣੇ ਨਾਮ ਦੀ ਦਾਤ ਬਖ਼ਸ਼।
5461	133	ਹਰਿ ਮੇਲਹੁ ਸੁਆਮੀ ਸੰਗਿ ਪ੍ਰਭ ਜਿਸ ਕਾ ਨਿਹਚਲ ਧਾਮ॥੧॥	(ਧਾਮ) ਘਰ, ਪ੍ਰਕਾਸ਼	Har Maelahu Suaamee Sang Prabh Jis Kaa Nihachal Dhhaam ||1||	O my Lord and Master, please unite me with Yourself, O God, in the Eternal Mansion of Your Presence"". ||1||	ਹੇ ਹਰੀ! ਆਪਣੇ ਚਰਨਾਂ ਵਿਚ (ਮੈਨੂੰ) ਜੋੜੀ ਰੱਖ, (ਹੋਰ ਸਾਰੇ ਆਸਰੇ-ਪਰਨੇ ਨਾਸਵੰਤ ਹਨ) ਇਕ ਤੇਰਾ ਘਰ ਸਦਾ ਅਟੱਲ ਰਹਿਣ ਵਾਲਾ ਹੈ ॥੧॥
5462	133	ਚੇਤਿ ਗੋਵਿੰਦੁ ਅਰਾਧੀਐ ਹੋਵੈ ਅਨੰਦੁ ਘਣਾ॥	(ਚੇਤਿ) ਚੇਤ ਦੇ ਮਹੀਨੇ। (ਘਣਾ) ਬਹੁਤ	Chaeth Govindh Araadhheeai Hovai Anandh Ghanaa ||	In the month of Chayt, by meditating on the Lord of the Universe, a deep and profound joy arises.	ਚੇਤ ਵਿਚ (ਬਸੰਤ ਰੁੱਤ ਆਉਂਦੀ ਹੈ, ਹਰ ਪਾਸੇ ਖਿੜੀ ਫੁਲਵਾੜੀ ਮਨ ਨੂੰ ਆਨੰਦ ਦੇਂਦੀ ਹੈ, ਜੇ) ਪਰਮਾਤਮਾ ਨੂੰ ਸਿਮਰੀਏ (ਤਾਂ ਸਿਮਰਨ ਦੀ ਬਰਕਤਿ ਨਾਲ) ਬਹੁਤ ਆਤਮਕ ਆਨੰਦ ਹੋ ਸਕਦਾ ਹੈ।

5463	133	ਸੰਤ ਜਨਾ ਮਿਲਿ ਪਾਈਐ ਰਸਨਾ ਨਾਮੁ ਭਣਾ॥	(ਭਣਾ) ਉਚਾਰਨਾ	Santh Janaa Mil Paaeeai Rasanaa Naam Bhanaa ||	Meeting with the humble Saints, the Lord is found, as we chant His Name with our tongues.	ਪਰ ਜੀਭ ਨਾਲ ਪ੍ਰਭੂ ਦਾ ਨਾਮ ਜਪਣ ਦੀ ਦਾਤ ਸੰਤ ਜਨਾਂ ਨੂੰ ਮਿਲ ਕੇ ਹੀ ਪ੍ਰਾਪਤ ਹੁੰਦੀ ਹੈ।
5464	133	ਜਿਨਿ ਪਾਇਆ ਪ੍ਰਭੁ ਆਪਣਾ ਆਏ ਤਿਸਹਿ ਗਣਾ॥		Jin Paaeiaa Prabh Aapanaa Aaeae Thisehi Ganaa ||	Those who have found God-blessed is their coming into this world.	ਉਸੇ ਬੰਦੇ ਨੂੰ ਜਗਤ ਵਿਚ ਜੰਮਿਆ ਜਾਣੋ (ਉਸੇ ਦਾ ਜਨਮ ਸਫਲਾ ਸਮਝੋ) ਜਿਸ ਨੇ (ਸਿਮਰਨ ਦੀ ਸਹਾਇਤਾ ਨਾਲ) ਆਪਣੇ ਪਰਮਾਤਮਾ ਦਾ ਮਿਲਾਪ ਹਾਸਲ ਕਰ ਲਿਆ।
5465	133	ਇਕੁ ਖਿਨੁ ਤਿਸੁ ਬਿਨੁ ਜੀਵਣਾ ਬਿਰਥਾ ਜਨਮੁ ਜਣਾ॥	(ਜਣਾ) ਜਾਣਾ	Eik Khin This Bin Jeevanaa Birathhaa Janam Janaa ||	Those who live without Him, for even an instant-their lives are rendered useless.	(ਕਿਉਂਕਿ) ਪਰਮਾਤਮਾ ਦੀ ਯਾਦ ਤੋਂ ਬਿਨਾ ਇਕ ਖਿਨ ਮਾਤ੍ਰ ਸਮਾ ਗੁਜ਼ਾਰਿਆਂ ਭੀ ਜ਼ਿੰਦਗੀ ਵਿਅਰਥ ਬੀਤਦੀ ਜਾਣੋ।
5466	133	ਜਲਿ ਥਲਿ ਮਹੀਅਲਿ ਪੂਰਿਆ ਰਵਿਆ ਵਿਚਿ ਵਣਾ॥	(ਵਣਾ) ਜੰਗਲਾਂ	Jal Thhal Meheeal Pooriaa Raviaa Vich Vanaa ||	The Lord is totally pervading the water, the land, and all space. He is contained in the forests as well.	ਜੇਹੜਾ ਪ੍ਰਭੂ ਪਾਣੀ ਵਿਚ ਧਰਤੀ ਵਿਚ ਅਕਾਸ਼ ਵਿਚ ਜੰਗਲਾਂ ਵਿਚ ਹਰ ਥਾਂ ਵਿਅਪਕ ਹੈ,
5467	133	ਸੋ ਪ੍ਰਭੁ ਚਿਤਿ ਨ ਆਵਈ ਕਿਤੜਾ ਦੁਖੁ ਗਣਾ॥	(ਕਿੱਤੜਾ) ਕਿੰਨਾ	So Prabh Chith N Aavee Kitharraa Dhukh Ganaa ||	Those who do not remember God-how much pain must they suffer!	ਜੇ ਐਸਾ ਪ੍ਰਭੂ ਕਿਸੇ ਮਨੁੱਖ ਦੇ ਹਿਰਦੇ ਵਿਚ ਨਾਹ ਵੱਸੇ, ਤਾਂ ਉਸ ਮਨੁੱਖ ਦਾ (ਮਾਨਸਕ) ਦੁੱਖ ਬਿਆਨ ਨਹੀਂ ਹੋ ਸਕਦਾ।

5468	133	ਜਿਨੀ ਰਾਵਿਆ ਸੋ ਪ੍ਰਭੂ ਤਿੰਨਾ ਭਾਗੁ ਮਣਾ॥	(ਮਣਾ) ਬਹੁਤ	Jinee Raaviaa So Prabhoo Thinnaa Bhaag Manaa ||	Those who dwell upon their God have great good fortune.	(ਪਰ) ਜਿਨ੍ਹਾਂ ਬੰਦਿਆਂ ਨੇ ਉਸ (ਸਰਬ ਵਿਆਪਕ) ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਇਆ ਹੈ, ਉਹਨਾਂ ਦਾ ਬੜਾ ਭਾਗ ਜਾਗ ਪੈਂਦਾ ਹੈ।
5469	133	ਹਰਿ ਦਰਸਨ ਕੰਉ ਮਨੁ ਲੋਚਦਾ ਨਾਨਕ ਪਿਆਸ ਮਨਾ॥	(ਲੋਚਦਾ) ਤਾਂਘਦਾ। (ਮਨਾ) ਮਨ ਚ	Har Dharasan Kano Man Lochadhaa Naanak Piaas Manaa ||	My mind yearns for the Blessed Vision of the Lord's Darshan. O Nanak, my mind is so thirsty!	ਨਾਨਕ ਦਾ ਮਨ (ਭੀ ਹਰੀ ਦੇ ਦੀਦਾਰ ਨੂੰ ਤਾਂਘਦਾ ਹੈ, ਨਾਨਕ ਦੇ ਮਨ ਵਿਚ ਹਰੀ-ਦਰਸਨ ਦੀ ਪਿਆਸ ਹੈ।
5470	133	ਚੇਤਿ ਮਿਲਾਏ ਸੋ ਪ੍ਰਭੂ ਤਿਸ ਕੈ ਪਾਇ ਲਗਾ॥੨॥	ਲੱਗਾਂ	Chaeth Milaaeae So Prabhoo This Kai Paae Lagaa ||2||	I touch the feet of one who unites me with God in the month of Chayt. ||2||	ਜੇਹੜਾ ਮਨੁੱਖ ਮੈਨੂੰ ਹਰੀ ਦਾ ਮਿਲਾਪ ਕਰਾ ਦੇਵੇ ਮੈਂ ਉਸ ਦੀ ਚਰਨੀਂ ਲੱਗਾਂਗਾ ॥੨॥
5471	133	ਵੈਸਾਖਿ ਧੀਰਨਿ ਕਿਉ ਵਾਢੀਆ ਜਿਨਾ ਪ੍ਰੇਮ ਬਿਛੋਹੁ॥	(ਧੀਰਨਿ) ਧੀਰਜ ਕਰਨ। (ਵਾਢੀਆ) ਵਿੱਛੁੜੀਆਂ ਹੋਈਆਂ। (ਬਿਛੋਹੁ) ਵਿਛੋੜਾ	Vaisaakh Dhheeran Kio Vaadteeaa Jinaa Praem Bishhohu ||	In the month of Vaisaakh, how can the bride be patient? She is separated from her Beloved.	(ਵੈਸਾਖੀ ਵਾਲਾ ਦਿਨ ਹਰੇਕ ਇਸਤ੍ਰੀ ਮਰਦ ਵਾਸਤੇ ਰੀਝਾਂ ਵਾਲਾ ਦਿਨ ਹੁੰਦਾ ਹੈ, ਪਰ) ਵੈਸਾਖ ਵਿਚ ਉਹਨਾਂ ਇਸਤ੍ਰੀਆਂ ਦਾ ਦਿਲ ਕਿਵੇਂ ਖਲੋਵੇ ਜੋ ਪਤੀ ਤੋਂ ਵਿੱਛੁੜੀਆਂ ਪਈਆਂ ਹਨ, ਜਿਨ੍ਹਾਂ ਦੇ ਅੰਦਰ ਪਿਆਰ (ਦੇ ਪ੍ਰਗਟਾਵੇ) ਦੀ ਅਣਹੋਂਦ ਹੈ,

5472	133	ਹਰਿ ਸਾਜਨੁ ਪੁਰਖੁ ਵਿਸਾਰਿ ਕੈ ਲਗੀ ਮਾਇਆ ਧੋਹੁ॥	(ਧੋਹੁ) ਛਲ ਰੂਪ	Har Saajan Purakh Visaar Kai Lagee Maaeiaa Dhohu ||	She has forgotten the Lord, her Life-companion, her Master; she has become attached to Maya, the deceitful one.	(ਇਸ ਤਰ੍ਹਾਂ ਉਸ ਜੀਵ ਨੂੰ ਧੀਰਜ ਕਿਵੇਂ ਆਵੇ ਜਿਸ ਨੂੰ) ਸੱਜਣ-ਪ੍ਰਭੂ ਵਿਸਾਰ ਕੇ ਮਨ-ਮੋਹਣੀ ਮਾਇਆ ਚੰਬੜੀ ਹੋਈ ਹੈ?
5473	133	ਪੁਤ੍ਰ ਕਲਤ੍ਰ ਨ ਸੰਗਿ ਧਨਾ ਹਰਿ ਅਵਿਨਾਸੀ ਓਹੁ॥	(ਕ-ਲੱਤ੍ਰ) ਇਸਤ੍ਰੀ। (ਧਨਾ) ਧਨ	Puthr Kalathr N Sang Dhhanaa Har Avinaasee Ouhu ||	Neither son, nor spouse, nor wealth shall go along with you-only the Eternal Lord.	ਨਾਹ ਪੁਤ੍ਰ, ਨਾਹ ਇਸਤ੍ਰੀ, ਨਾਹ ਧਨ, ਕੋਈ ਭੀ ਮਨੁੱਖ ਦੇ ਨਾਲ ਨਹੀਂ ਨਿਭਦਾ ਇਕ ਅਬਿਨਾਸੀ ਪਰਮਾਤਮਾ ਹੀ ਅਸਲ ਸਾਥੀ ਹੈ।
5474	133	ਪਲਚਿ ਪਲਚਿ ਸਗਲੀ ਮੁਈ ਝੂਠੈ ਧੰਧੈ ਮੋਹੁ॥	(ਪਲਚਿ) ਫਸ	Palach Palach Sagalee Muee Jhoothai Dhhandhhai Mohu ||	Entangled and enmeshed in the love of false occupations, the whole world is perishing.	ਨਾਸਵੰਤ ਧੰਧੇ ਦਾ ਮੋਹ (ਸਾਰੀ ਲੁਕਾਈ ਨੂੰ ਹੀ) ਵਿਆਪ ਰਿਹਾ ਹੈ, (ਮਾਇਆ ਦੇ ਮੋਹ ਵਿਚ) ਮੁੜ ਮੁੜ ਫਸ ਕੇ ਸਾਰੀ ਲੁਕਾਈ ਹੀ (ਆਤਮਕ ਮੌਤੇ) ਮਰ ਰਹੀ ਹੈ।
5475	133	ਇਕਸੁ ਹਰਿ ਕੇ ਨਾਮ ਬਿਨੁ ਅਗੈ ਲਈਅਹਿ ਖੋਹਿ॥	(ਇਕਸੁ) ਇੱਕ (ਸੁ) ਸ੍ਰੇਸ਼ਟ ਵਾਹਿਗੁਰੂ ਜੀ। ਲਈ-ਅਹਿ	Eikas Har Kae Naam Bin Agai Leeahi Khohi ||	Without the Naam, the Name of the One Lord, they lose their lives in the hereafter.	ਇਕ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਹੋਰ ਜਿਤਨੇ ਭੀ ਕਰਮ ਇਥੇ ਕਰੀਦੇ ਹਨ, ਉਹ ਸਾਰੇ ਮਰਨ ਤੋਂ ਪਹਿਲਾਂ ਹੀ ਖੋਹ ਲਏ ਜਾਂਦੇ ਹਨ (ਭਾਵ, ਉਹ ਉੱਚੇ ਆਤਮਕ ਜੀਵਨ ਦਾ ਅੰਗ ਨਹੀਂ ਬਣ ਸਕਦੇ)।

5476	133	ਦਯੁ ਵਿਸਾਰਿ ਵਿਗੁਚਣਾ ਪ੍ਰਭ ਬਿਨੁ ਅਵਰੁ ਨ ਕੋਇ॥	(ਦਯੁ) ਪਰਮਪੂਜਨੀਕ, ਕ੍ਰਿਪਾਲੂ। ਦ-ਯੁ ਦ ਮੁਕਤਾ, ਯੁ ਔਂਕੜ ਸਹਿਤ ਤਾਲੂ ਤੋਂ ਬੋਲੋ। (ਵਿ-ਗੁੱਚਣਾ) ਖੁਆਰ ਹੋਣਾ	Dhay Visaar Viguchanaa Prabh Bin Avar N Koe ||	Forgetting the Merciful Lord, they are ruined. Without God, there is no other at all.	ਪਿਆਰ-ਸਰੂਪ ਪ੍ਰਭੂ ਨੂੰ ਵਿਸਾਰ ਕੇ ਖ਼ੁਆਰੀ ਹੀ ਹੁੰਦੀ ਹੈ, ਪਰਮਾਤਮਾ ਤੋਂ ਬਿਨਾ ਜਿੰਦ ਦਾ ਹੋਰ ਕੋਈ ਸਾਥੀ ਹੀ ਨਹੀਂ ਹੁੰਦਾ।
5477	133	ਪ੍ਰੀਤਮ ਚਰਣੀ ਜੋ ਲਗੇ ਤਿਨ ਕੀ ਨਿਰਮਲ ਸੋਇ॥	(ਸੋਇ) ਸੋਭਾ। ਲੱਗੇ	Preetham Charanee Jo Lagae Thin Kee Niramal Soe ||	Pure is the reputation of those who are attached to the Feet of the Beloved Lord.	ਪ੍ਰਭੂ ਪ੍ਰੀਤਮ ਦੀ ਚਰਨੀਂ ਜੇਹੜੇ ਬੰਦੇ ਲਗਦੇ ਹਨ, ਉਹਨਾਂ ਦੀ (ਲੋਕ ਪਰਲੋਕ ਵਿਚ) ਭਲੀ ਸੋਭਾ ਹੁੰਦੀ ਹੈ।
5478	134	ਨਾਨਕ ਕੀ ਪ੍ਰਭ ਬੇਨਤੀ ਪ੍ਰਭ ਮਿਲਹੁ ਪਰਾਪਤਿ ਹੋਇ॥		Naanak Kee Prabh Baenathee Prabh Milahu Paraapath Hoe ||	Nanak makes this prayer to God: ""Please, come and unite me with Yourself.""	ਹੇ ਪ੍ਰਭੂ! (ਤੇਰੇ ਦਰ ਤੇ) ਮੇਰੀ ਬੇਨਤੀ ਹੈ ਕਿ ਮੈਨੂੰ ਤੇਰਾ ਦਿਲ-ਰੱਜਵਾਂ ਮਿਲਾਪ ਨਸੀਬ ਹੋਵੇ।
5479	134	ਵੈਸਾਖੁ ਸੁਹਾਵਾ ਤਾਂ ਲਗੈ ਜਾ ਸੰਤੁ ਭੇਟੈ ਹਰਿ ਸੋਇ॥੩॥	(ਸੋਇ) ਸੋਭਨੀਕ	Vaisaakh Suhaavaa Thaan Lagai Jaa Santh Bhaettai Har Soe ||3||	The month of Vaisaakh is beautiful and pleasant, when the Saint causes me to meet the Lord. ||3||	(ਰੁੱਤ ਫਿਰਨ ਨਾਲ ਚੁਫੇਰੇ ਬਨਸਪਤੀ ਪਈ ਸੁਹਾਵਣੀ ਹੋ ਜਾਏ, ਪਰ) ਜਿੰਦ ਨੂੰ ਵੈਸਾਖ ਦਾ ਮਹੀਨਾ ਤਦੋਂ ਹੀ ਸੋਹਣਾ ਲੱਗ ਸਕਦਾ ਹੈ ਜੇ ਹਰੀ ਸੰਤ-ਪ੍ਰਭੂ ਮਿਲ ਪਏ ॥੩॥

5480	134	ਹਰਿ ਜੇਠਿ ਜੁੜੰਦਾ ਲੋੜੀਐ ਜਿਸੁ ਅਗੈ ਸਭਿ ਨਿਵੰਨਿ॥	(ਜੁੜੰਦਾ) ਜੁੜਨਾ। (ਲੋੜੀਐ) ਚਾਹੀਦਾ	Har Jaeth Jurrandhaa Lorreeai Jis Agai Sabh Nivann ||	In the month of Jayt'h, the bride longs to meet with the Lord. All bow in humility before Him.	ਜਿਸ ਹਰੀ ਦੇ ਅੱਗੇ ਸਾਰੇ ਜੀਵ ਸਿਰ ਨਿਵਾਂਦੇ ਹਨ, ਜੇਠ ਦੇ ਮਹੀਨੇ ਵਿਚ ਉਸ ਦੇ ਚਰਨਾਂ ਵਿਚ ਜੁੜਨਾ ਚਾਹੀਦਾ ਹੈ।
5481	134	ਹਰਿ ਸਜਣ ਦਾਵਣਿ ਲਗਿਆ ਕਿਸੈ ਨ ਦੇਈ ਬੰਨਿ॥	(ਦਾਵਣਿ) ਪੱਲੇ। (ਬੰਨ੍ਹਿ) ਬੰਨ੍ਹਣ। ਸੱਜਣ ਲੱਗਿਆਂ	Har Sajan Dhaavan Lagiaa Kisai N Dhaeee Bann ||	One who has grasped the hem of the robe of the Lord, the True Friend-no one can keep him in bondage.	ਜੇ ਹਰੀ ਸੱਜਣ ਦੇ ਲੜ ਲੱਗੇ ਰਹੀਏ ਤਾਂ ਉਹ ਕਿਸੇ (ਜਮ ਆਦਿਕ) ਨੂੰ ਆਗਿਆ ਨਹੀਂ ਦੇਂਦਾ ਕਿ ਬੰਨ੍ਹ ਕੇ ਅੱਗੇ ਲਾ ਲਏ (ਭਾਵ, ਪ੍ਰਭੂ ਦੇ ਲੜ ਲੱਗਿਆਂ ਜਮਾਂ ਦਾ ਡਰ ਨਹੀਂ ਰਹਿ ਜਾਂਦਾ)।
5482	134	ਮਾਣਕ ਮੋਤੀ ਨਾਮੁ ਪ੍ਰਭ ਉਨ ਲਗੈ ਨਾਹੀ ਸੰਨ੍ਹਿ॥	(ਸੰਨ੍ਹਿ) ਪਾੜ	Maanak Mothee Naam Prabh Oun Lagai Naahee Sann ||	God's Name is the Jewel, the Pearl. It cannot be stolen or taken away.	(ਲੋਕ ਹੀਰੇ ਮੋਤੀ ਲਾਲ ਆਦਿਕ ਕੀਮਤੀ ਧਨ ਇਕੱਠਾ ਕਰਨ ਲਈ ਦੌੜ-ਭੱਜ ਕਰਦੇ ਹਨ, ਪਰ ਉਸ ਧਨ ਦੇ ਚੋਰੀ ਹੋ ਜਾਣ ਦਾ ਭੀ ਤੌਖ਼ਲਾ ਰਹਿੰਦਾ ਹੈ) ਪਰਮਾਤਮਾ ਦਾ ਨਾਮ ਹੀਰੇ ਮੋਤੀ ਆਦਿਕ ਐਸਾ ਕੀਮਤਿ ਧਨ ਹੈ ਕਿ ਉਹ ਚੁਰਾਇਆ ਨਹੀਂ ਜਾ ਸਕਦਾ।
5483	134	ਰੰਗ ਸਭੇ ਨਾਰਾਇਣੈ ਜੇਤੇ ਮਨਿ ਭਾਵੰਨਿ॥	(ਭਾਵੰਨਿ) ਚੰਗੇ ਲੱਗਣ	Rang Sabhae Naaraaeinai Jaethae Man Bhaavann ||	In the Lord are all pleasures which please the mind.	ਪਰਮਾਤਮਾ ਦੇ ਜਿਤਨੇ ਭੀ ਕੌਤਕ ਹੋ ਰਹੇ ਹਨ, (ਨਾਮ-ਧਨ ਦੀ ਬਰਕਤਿ ਨਾਲ) ਉਹ ਸਾਰੇ ਮਨ ਵਿਚ ਪਿਆਰੇ ਲੱਗਦੇ ਹਨ।

5484	134	ਜੋ ਹਰਿ ਲੋੜੇ ਸੋ ਕਰੇ ਸੋਈ ਜੀਅ ਕਰੰਨਿ॥		Jo Har Lorrae So Karae Soee Jeea Karann ||	As the Lord wishes, so He acts, and so His creatures act.	(ਇਹ ਭੀ ਸਮਝ ਆ ਜਾਂਦੀ ਹੈ ਕਿ) ਪ੍ਰਭੂ ਆਪ ਤੇ ਉਸ ਦੇ ਪੈਦਾ ਕੀਤੇ ਜੀਵ ਉਹੀ ਕੁਝ ਕਰਦੇ ਹਨ ਜੋ ਉਸ ਪ੍ਰਭੂ ਨੂੰ ਚੰਗਾ ਲੱਗਦਾ ਹੈ।
5485	134	ਜੋ ਪ੍ਰਭਿ ਕੀਤੇ ਆਪਣੇ ਸੇਈ ਕਹੀਅਹਿ ਧੰਨਿ॥		Jo Prabh Keethae Aapanae Saeee Keheeahi Dhann ||	They alone are called blessed, whom God has made His Own.	ਜਿਨ੍ਹਾਂ ਬੰਦਿਆਂ ਨੂੰ ਪ੍ਰਭੂ ਨੇ (ਆਪਣੀ ਸਿਫ਼ਤ-ਸਾਲਾਹ ਦੀ ਦਾਤ ਦੇ ਕੇ) ਆਪਣਾ ਬਣਾ ਲਿਆ ਹੈ, ਉਹਨਾਂ ਨੂੰ ਹੀ (ਜਗਤ ਵਿਚ) ਸ਼ਾਬਾਸ਼ੇ ਮਿਲਦੀ ਹੈ।
5486	134	ਆਪਣ ਲੀਆ ਜੇ ਮਿਲੈ ਵਿਛੁੜਿ ਕਿਉ ਰੋਵੰਨਿ॥		Aapan Leeaa Jae Milai Vishhurr Kio Rovann ||	If people could meet the Lord by their own efforts, why would they be crying out in the pain of separation?	(ਪਰ ਪਰਮਾਤਮਾ ਜੀਵਾਂ ਦੇ ਆਪਣੇ ਉੱਦਮ ਨਾਲ ਨਹੀਂ ਮਿਲ ਸਕਦਾ) ਜੇ ਜੀਵਾਂ ਦੇ ਆਪਣੇ ਉੱਦਮ ਨਾਲ ਮਿਲ ਸਕਦਾ ਹੋਵੇ, ਤਾਂ ਜੀਵ ਉਸ ਤੋਂ ਵਿੱਛੁੜ ਕੇ ਦੁਖੀ ਕਿਉਂ ਹੋਣ?
5487	134	ਸਾਧੂਸੰਗੁ ਪਰਾਪਤੇ ਨਾਨਕ ਰੰਗ ਮਾਣੰਨਿ॥		Saadhhoo Sang Paraapathae Naanak Rang Maanann ||	Meeting Him in the Saadh Sangat, the Company of the Holy, O Nanak, celestial bliss is enjoyed.	ਹੇ ਨਾਨਕ! (ਪ੍ਰਭੂ ਦੇ ਮਿਲਾਪ ਦੇ) ਆਨੰਦ (ਉਹੀ ਬੰਦੇ) ਮਾਣਦੇ ਹਨ, ਜਿਨ੍ਹਾਂ ਨੂੰ ਗੁਰੂ ਦਾ ਸਾਥ ਮਿਲ ਜਾਏ।
5488	134	ਹਰਿ ਜੇਠੁ ਰੰਗੀਲਾ ਤਿਸੁ ਧਣੀ ਜਿਸ ਕੈ ਭਾਗੁ ਮਥੰਨਿ॥੪॥	(ਰੰਗੀਲਾ) ਅਨੰਦੀ। (ਧਣੀ) ਮਾਲਕ ਵਾਹਿਗੁਰੂ ਜੀ। (ਮਥੰਨਿ) ਮੱਥੇ ਤੇ	Har Jaeth Rangeelaa This Dhhanee Jis Kai Bhaag Mathhann ||4||	In the month of Jayt'h, the playful Husband Lord meets her, upon whose forehead such good destiny is recorded. ||4||	ਜਿਸ ਮਨੁੱਖ ਦੇ ਮੱਥੇ ਉੱਤੇ ਭਾਗ ਜਾਗੇ, ਉਸ ਨੂੰ ਜੇਠ ਮਹੀਨਾ ਸੁਹਾਵਣਾ ਲੱਗਦਾ ਹੈ, ਉਸੇ ਨੂੰ ਪ੍ਰਭੂ-ਮਾਲਕ ਮਿਲਦਾ ਹੈ ॥੪॥

5489	134	ਆਸਾੜੁ ਤਪੰਦਾ ਤਿਸੁ ਲਗੈ ਹਰਿ ਨਾਹੁ ਨ ਜਿੰਨਾ ਪਾਸਿ॥		Aasaarr Thapandhaa This Lagai Har Naahu N Jinnaa Paas ||	The month of Aasaarh seems burning hot, to those who are not close to their Husband Lord.	ਹਾੜ ਦਾ ਮਹੀਨਾ ਉਸ ਜੀਵ ਨੂੰ ਤਪਦਾ ਪ੍ਰਤੀਤ ਹੁੰਦਾ ਹੈ (ਉਹ ਬੰਦੇ ਹਾੜ ਦੇ ਮਹੀਨੇ ਵਾਂਗ ਤਪਦੇ-ਕਲਪਦੇ ਰਹਿੰਦੇ ਹਨ) ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ-ਪਤੀ ਨਹੀਂ ਵੱਸਦਾ,`
5490	134	ਜਗਜੀਵਨ ਪੁਰਖੁ ਤਿਆਗਿ ਕੈ ਮਾਣਸ ਸੰਦੀ ਆਸ॥	(ਮਾਣਸ) ਮਨੁੱਖ (ਸੰਦੀ) ਦੀ। ਜੱਗਜੀਵਨ	Jagajeevan Purakh Thiaag Kai Maanas Sandhee Aas ||	They have forsaken God the Primal Being, the Life of the World, and they have come to rely upon mere mortals.	ਜੇਹੜੇ ਜਗਤ-ਦੇ-ਸਹਾਰੇ ਪਰਮਾਤਮਾ (ਦਾ ਆਸਰਾ) ਛੱਡ ਕੇ ਬੰਦਿਆਂ ਦੀਆਂ ਆਸਾਂ ਬਣਾਈ ਰੱਖਦੇ ਹਨ।
5491	134	ਦੁਯੈ ਭਾਇ ਵਿਗੁਚੀਐ ਗਲਿ ਪਈ ਸੁ ਜਮ ਕੀ ਫਾਸ॥	(ਦੁਯੈ) ਦਵੈਤ। ਯੈ ਤਾਲੂ ਤੋਂ ਬੋਲੋ। (ਵਿਗੁਚੀਐ) ਖੁਆਰ ਹੋਈਏ	Dhuyai Bhaae Vigucheeai Gal Pees Jam Kee Faas ||	In the love of duality, the soul-bride is ruined; around her neck she wears the noose of Death.	(ਪ੍ਰਭੂ ਤੋਂ ਬਿਨਾ) ਕਿਸੇ ਹੋਰ ਦੇ ਆਸਰੇ ਰਿਹਾਂ ਖ਼ੁਆਰ ਹੀ ਹੋਈਦਾ ਹੈ, (ਜੋ ਭੀ ਕੋਈ ਹੋਰ ਸਹਾਰਾ ਤੱਕਦਾ ਹੈ) ਉਸ ਦੇ ਗਲ ਵਿਚ ਜਮ ਦੀ ਫਾਹੀ ਪੈਂਦੀ ਹੈ (ਉਸ ਦਾ ਜੀਵਨ ਸਦਾ ਸਹਮ ਵਿਚ ਬੀਤਦਾ ਹੈ)।
5492	134	ਜੇਹਾ ਬੀਜੈ ਸੋ ਲੁਣੈ ਮਥੈ ਜੋ ਲਿਖਿਆਸੁ॥	(ਲੁਣੈ) ਵੱਢਦਾ ਹੈ। ਮੱਥੈ	Jaehaa Beejai So Lunai Mathhai Jo Likhiaas ||	As you plant, so shall you harvest; your destiny is recorded on your forehead.	(ਕੁਦਰਤਿ ਦਾ ਨਿਯਮ ਹੀ ਐਸਾ ਹੈ ਕਿ) ਮਨੁੱਖ ਜੇਹਾ ਬੀਜ ਬੀਜਦਾ ਹੈ, (ਕੀਤੇ ਕਰਮਾਂ ਅਨੁਸਾਰ) ਜੇਹੜਾ ਲੇਖ ਉਸਦੇ ਮੱਥੇ ਉੱਤੇ ਲਿਖਿਆ ਜਾਂਦਾ ਹੈ, ਉਹੋ ਜਿਹਾ ਫਲ ਉਹ ਪ੍ਰਾਪਤ ਕਰਦਾ ਹੈ।

5493	134	ਰੈਣਿ ਵਿਹਾਣੀ ਪਛੁਤਾਣੀ ਉਠਿ ਚਲੀ ਗਈ ਨਿਰਾਸ॥		Rain Vihaanee Pashhuthaanee Outh Chalee Gee Niraas ||	The life-night passes away, and in the end, one comes to regret and repent, and then depart with no hope at all.	(ਜਗਜੀਵਨ ਪੁਰਖ ਨੂੰ ਵਿਸਾਰਨ ਵਾਲੀ ਜੀਵ-ਇਸਤ੍ਰੀ ਦੀ) ਸਾਰੀ ਜ਼ਿੰਦਗੀ ਪਛੁਤਾਵਿਆਂ ਵਿਚ ਹੀ ਗੁਜ਼ਰਦੀ ਹੈ, ਉਹ ਜਗਤ ਤੋਂ ਟੁੱਟੇ ਹੋਏ ਦਿਲ ਨਾਲ ਹੀ ਤੁਰ ਪੈਂਦੀ ਹੈ।
5494	134	ਜਿਨ ਕੌ ਸਾਧੂ ਭੇਟੀਐ ਸੋ ਦਰਗਹ ਹੋਇ ਖਲਾਸੁ॥	(ਖਲਾਸੁ) ਮੁਕਤ	Jin Ka Saadhhoo Bhaetteeai So Dharageh Hoe Khalaas ||	Those who meet with the Holy Saints are liberated in the Court of the Lord.	ਜਿਨ੍ਹਾਂ ਬੰਦਿਆਂ ਨੂੰ ਗੁਰੂ ਮਿਲ ਪੈਂਦਾ ਹੈ, ਉਹ ਪਰਮਾਤਮਾ ਦੀ ਹਜ਼ੂਰੀ ਵਿਚ ਸੁਰਖ਼ਰੂ ਹੁੰਦੇ ਹਨ (ਆਦਰ-ਮਾਣ ਪਾਂਦੇ ਹਨ)।
5495	134	ਕਰਿ ਕਿਰਪਾ ਪ੍ਰਭੁ ਆਪਣੀ ਤੇਰੇ ਦਰਸਨ ਹੋਇ ਪਿਆਸ॥		Kar Kirapaa Prabh Aapanee Thaerae Dharasan Hoe Piaas ||	Show Your Mercy to me, O God; I am thirsty for the Blessed Vision of Your Darshan.	ਹੇ ਪ੍ਰਭੂ! (ਤੇਰੇ ਅੱਗੇ) ਨਾਨਕ ਦੀ ਬੇਨਤੀ ਹੈ-ਆਪਣੀ ਮਿਹਰ ਕਰ, (ਮੇਰੇ ਮਨ ਵਿਚ) ਤੇਰੇ ਦਰਸਨ ਦੀ ਤਾਂਘ ਬਣੀ ਰਹੇ,
5496	134	ਪ੍ਰਭ ਤੁਧੁ ਬਿਨੁ ਦੂਜਾ ਕੋ ਨਹੀ ਨਾਨਕ ਕੀ ਅਰਦਾਸਿ॥		Prabh Thudhh Bin Dhoojaa Ko Nehee Naanak Kee Aradhaas ||	Without You, God, there is no other at all. This is Nanak's humble prayer.	(ਕਿਉਂਕਿ) ਹੇ ਪ੍ਰਭੂ! ਤੈਥੋਂ ਬਿਨਾ ਮੇਰਾ ਕੋਈ ਹੋਰ ਆਸਰਾ-ਪਰਨਾ ਨਹੀਂ ਹੈ।

5497	134	ਆਸਾੜੁ ਸੁਹੰਦਾ ਤਿਸੁ ਲਗੈ ਜਿਸੁ ਮਨਿ ਹਰਿ ਚਰਣ ਨਿਵਾਸ॥੫॥	(ਸੁਹੰਦਾ) ਸੁਖਾਵਾਂ	Aasaarr Suhandhaa This Lagai Jis Man Har Charan Nivaas ||5||	The month of Aasaarh is pleasant, when the Feet of the Lord abide in the mind. ||5||	ਜਿਸ ਮਨੁੱਖ ਦੇ ਮਨ ਵਿਚ ਪ੍ਰਭੂ ਦੇ ਚਰਨਾਂ ਦਾ ਨਿਵਾਸ ਬਣਿਆ ਰਹੇ, ਉਸ ਨੂੰ (ਤਪਦਾ) ਹਾੜ (ਭੀ) ਸੁਹਾਵਣਾ ਜਾਪਦਾ ਹੈ (ਉਸ ਨੂੰ ਦੁਨੀਆ ਦੇ ਦੁੱਖ-ਕਲੇਸ਼ ਭੀ ਦੁਖੀ ਨਹੀਂ ਕਰ ਸਕਦੇ) ॥੫॥
5498	134	ਸਾਵਣਿ ਸਰਸੀ ਕਾਮਣੀ ਚਰਨਕਮਲ ਸਿਉ ਪਿਆਰੁ॥	(ਸਰਸੀ) ਅਨੰਦੀ। ਕੱਾਮਣੀ	Saavan Sarasee Kaamanee Charan Kamal Sio Piaar ||	In the month of Saawan, the soul-bride is happy, if she falls in love with the Lotus Feet of the Lord.	ਜਿਵੇਂ ਸਾਵਣ ਵਿਚ (ਵਰਖਾ ਨਾਲ ਬਨਸਪਤੀ ਹਰਿਆਵਲੀ ਹੋ ਜਾਂਦੀ ਹੈ, ਤਿਵੇਂ ਉਹ) ਜੀਵ-ਇਸਤ੍ਰੀ ਹਰਿਆਵਲੀ ਹੋ ਜਾਂਦੀ ਹੈ (ਭਾਵ, ਉਸ ਜੀਵ ਦਾ ਹਿਰਦਾ ਖਿੜ ਪੈਂਦਾ ਹੈ) ਜਿਸ ਦਾ ਪਿਆਰ ਪ੍ਰਭੂ ਦੇ ਸੁਹਣੇ ਚਰਨਾਂ ਨਾਲ ਬਣ ਜਾਂਦਾ ਹੈ।
5499	134	ਮਨੁ ਤਨੁ ਰਤਾ ਸਚ ਰੰਗਿ ਇਕੋ ਨਾਮੁ ਅਧਾਰੁ॥		Man Than Rathaa Sach Rang Eiko Naam Adhhaar ||	Her mind and body are imbued with the Love of the True One; His Name is her only Support.	ਉਸ ਦਾ ਮਨ ਉਸ ਦਾ ਤਨ ਪਰਮਾਤਮਾ ਦੇ ਪਿਆਰ ਵਿਚ ਰੰਗਿਆ ਜਾਂਦਾ ਹੈ, ਪਰਮਾਤਮਾ ਦਾ ਨਾਮ ਹੀ (ਉਸ ਦੀ ਜ਼ਿੰਦਗੀ ਦਾ) ਆਸਰਾ ਬਣ ਜਾਂਦਾ ਹੈ।
5500	134	ਬਿਖਿਆ ਰੰਗ ਕੂੜਾਵਿਆ ਦਿਸਨਿ ਸਭੇ ਛਾਰੁ॥	(ਛਾਰੁ) ਸੁਆਹ	Bikhiaa Rang Koorraaviaa Dhisan Sabhae Shhaar ||	The pleasures of corruption are false. All that is seen shall turn to ashes.	ਮਾਇਆ ਦੇ ਨਾਸਵੰਤ ਕੌਤਕ ਉਸ ਨੂੰ ਸਾਰੇ ਸੁਆਹ (ਨਿਕੰਮੇ) ਦਿਸਦੇ ਹਨ।

5501	134	ਹਰਿ ਅੰਮ੍ਰਿਤ ਬੂੰਦ ਸੁਹਾਵਣੀ ਮਿਲਿ ਸਾਧੂ ਪੀਵਣਹਾਰੁ॥	(ਸੁਹਾਵਣੀ) ਸੋਭਨੀਕ, ਅਨੰਦੀ	Har Anmrith Boondh Suhaavanee Mil Saadhhoo Peevanehaar ||	The drops of the Lord's Nectar are so beautiful! Meeting the Holy Saint, we drink these in.	(ਸਾਵਣ ਵਿਚ ਜਿਵੇਂ ਵਰਖਾ ਦੀ ਬੂੰਦ ਸੋਹਣੀ ਲੱਗਦੀ ਹੈ, ਤਿਵੇਂ ਪ੍ਰਭੂ-ਚਰਨਾਂ ਦੇ ਪਿਆਰ ਵਾਲੇ ਬੰਦੇ ਨੂੰ) ਹਰੀ ਦੇ ਨਾਮ ਦੀ ਆਤਮਕ ਜੀਵਨ ਦੇਣ ਵਾਲੀ ਬੂੰਦ ਪਿਆਰੀ ਲੱਗਦੀ ਹੈ, ਗੁਰੂ ਨੂੰ ਮਿਲ ਕੇ ਉਹ ਮਨੁੱਖ ਉਸ ਬੂੰਦ ਨੂੰ ਪੀਣ ਜੋਗਾ ਹੋ ਪੈਂਦਾ ਹੈ (ਪ੍ਰਭੂ ਦੀ ਵਡਿਆਈ ਦੀਆਂ ਨਿੱਕੀਆਂ ਨਿੱਕੀਆਂ ਗੱਲਾਂ ਭੀ ਉਸ ਨੂੰ ਮਿੱਠੀਆਂ ਲੱਗਦੀਆਂ ਹਨ, ਗੁਰੂ ਨੂੰ ਮਿਲ ਕੇ ਬੜੇ ਸ਼ੌਕ ਨਾਲ ਸੁਣਦਾ ਹੈ)।
5502	134	ਵਣੁ ਤਿਣੁ ਪ੍ਰਭ ਸੰਗਿ ਮਉਲਿਆ ਸੰਮ੍ਰਥ ਪੁਰਖੁ ਅਪਾਰੁ॥	(ਮਉੱਲਿਆ) ਪ੍ਰਫੁੱਲਿਤ, ਹਰਾ ਭਰਾ। ਸੰਮ੍ਰੱਥ	Van Thin Prabh Sang Mouliaa Sanmrathh Purakh Apaar ||	The forests and the meadows are rejuvenated and refreshed with the Love of God, the All-powerful, Infinite Primal Being.	ਜਿਸ ਪ੍ਰਭੂ ਦੇ ਮੇਲ ਨਾਲ ਸਾਰਾ ਜਗਤ (ਬਨਸਪਤੀ ਆਦਿਕ) ਹਰਿਆ-ਭਰਿਆ ਹੋਇਆ ਹੈ, ਜੋ ਪ੍ਰਭੂ ਸਭ ਕੁਝ ਕਰਨ ਜੋਗਾ ਹੈ ਵਿਆਪਕ ਹੈ ਤੇ ਬੇਅੰਤ ਹੈ,
5503	134	ਹਰਿ ਮਿਲਣੈ ਨੋ ਮਨੁ ਲੋਚਦਾ ਕਰਮਿ ਮਿਲਾਵਣਹਾਰੁ॥		Har Milanai No Man Lochadhaa Karam Milaavanehaar ||	My mind yearns to meet the Lord. If only He would show His Mercy, and unite me with Himself!	ਉਸ ਨੂੰ ਮਿਲਣ ਵਾਸਤੇ ਮੇਰਾ ਮਨ ਭੀ ਤਾਂਘਦਾ ਹੈ, ਪਰ ਉਹ ਪ੍ਰਭੂ ਆਪ ਹੀ ਆਪਣੀ ਮਿਹਰ ਨਾਲ ਮਿਲਾਣ ਦੇ ਸਮਰੱਥ ਹੈ।

5504	134	ਜਿਨੀ ਸਖੀਏ ਪ੍ਰਭੁ ਪਾਇਆ ਹੰਉ ਤਿਨ ਕੈ ਸਦ ਬਲਿਹਾਰ॥		Jinee Sakheeeae Prabh Paaeiaa Hano Thin Kai Sadh Balihaar ||	Those brides who have obtained God-I am forever a sacrifice to them.	ਮੈਂ ਉਹਨਾਂ ਗੁਰਮੁਖ ਸਹੇਲੀਆਂ ਤੋਂ ਸਦਕੇ ਹਾਂ, ਸਦਾ ਕੁਰਬਾਨ ਹਾਂ ਜਿਨ੍ਹਾਂ ਨੇ ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ ਹੈ।
5505	134	ਨਾਨਕ ਹਰਿ ਜੀ ਮਇਆ ਕਰਿ ਸਬਦਿ ਸਵਾਰਣਹਾਰੁ॥	(ਮਇਆ) ਦਇਆ	Naanak Har Jee Maeiaa Kar Sabadh Savaaranehaar ||	O Nanak, when the Dear Lord shows kindness, He adorns His bride with the Word of His Shabad.	ਹੇ ਨਾਨਕ! (ਬੇਨਤੀ ਕਰ ਤੇ ਆਖ-) ਹੇ ਪ੍ਰਭੂ! ਮੇਰੇ ਉੱਤੇ ਮਿਹਰ ਕਰ, ਤੂੰ ਆਪ ਹੀ ਗੁਰੂ ਦੇ ਸ਼ਬਦ ਦੀ ਰਾਹੀਂ (ਮੇਰੀ ਜਿੰਦ ਨੂੰ) ਸਵਾਰਨ ਜੋਗਾ ਹੈਂ।
5506	134	ਸਾਵਣੁ ਤਿਨਾ ਸੁਹਾਗਣੀ ਜਿਨ ਰਾਮ ਨਾਮੁ ਉਰਿ ਹਾਰੁ॥੬॥	(ਉਰਿ) ਹਿਰਦੇ ਚ	Saavan Thinaa Suhaaganee Jin Raam Naam Our Haar ||6||	Saawan is delightful for those happy soul-brides whose hearts are adorned with the Necklace of the Lord's Name. ||6||	ਸਾਵਣ ਦਾ ਮਹੀਨਾ ਉਹਨਾਂ ਭਾਗਾਂ ਵਾਲੀਆਂ (ਜੀਵ-ਇਸਤ੍ਰੀਆਂ) ਵਾਸਤੇ (ਖੇੜਾ ਤੇ ਠੰਡ ਲਿਆਉਣ ਵਾਲਾ) ਹੈ ਜਿਨ੍ਹਾਂ ਨੇ ਆਪਣੇ ਹਿਰਦੇ (ਰੂਪ ਗਲ) ਵਿਚ ਪਰਮਾਤਮਾ ਦਾ ਨਾਮ (-ਰੂਪ) ਹਾਰ ਪਾਇਆ ਹੋਇਆ ਹੈ ॥੬॥
5507	134	ਭਾਦੁਇ ਭਰਮਿ ਭੁਲਾਣੀਆ ਦੂਜੈ ਲਗਾ ਹੇਤੁ॥	(ਭਾਦੁਇ) ਭਾਦੋਂ ਮਹੀਨੇ ਚ	Bhaadhue Bharam Bhulaaneeaa Dhoojai Lagaa Haeth ||	In the month of Bhaadon, she is deluded by doubt, because of her attachment to duality.	(ਜਿਵੇਂ) ਭਾਦਰੋਂ (ਦੇ ਤ੍ਰਾਟਕੇ ਤੇ ਘੁੰਮੇ) ਵਿਚ (ਮਨੁੱਖ ਬਹੁਤ ਘਬਰਾਂਦਾ ਹੈ, ਤਿਵੇਂ) ਜਿਸ ਜੀਵ-ਇਸਤ੍ਰੀ ਦਾ ਪਿਆਰ ਪ੍ਰਭੂ-ਪਤੀ ਤੋਂ ਬਿਨਾ ਕਿਸੇ ਹੋਰ ਨਾਲ ਲੱਗਦਾ ਹੈ ਉਹ ਭਟਕਣਾ ਦੇ ਕਾਰਨ ਜੀਵਨ ਦੇ ਸਹੀ ਰਸਤੇ ਤੋਂ ਖੁੰਝ ਜਾਂਦੀ ਹੈ।

5508	134	ਲਖ ਸੀਗਾਰ ਬਣਾਇਆ ਕਾਰਜਿ ਨਾਹੀ ਕੇਤੁ॥		Lakh Seegaar Banaaeiaa Kaaraj Naahee Kaeth ||	She may wear thousands of ornaments, but they are of no use at all.	ਉਹ ਭਾਵੇਂ ਲੱਖਾਂ ਹਾਰ ਸਿੰਗਾਰ ਕਰੇ, (ਉਸ ਦੇ) ਕਿਸੇ ਕੰਮ ਨਹੀਂ ਆਉਂਦੇ।
5509	134	ਜਿਤੁ ਦਿਨਿ ਦੇਹ ਬਿਨਸਸੀ ਤਿਤੁ ਵੇਲੈ ਕਹਸਨਿ ਪ੍ਰੇਤੁ॥	ਬਿਨਸ-ਸੀ। ਕਹ-ਸਨਿ, ਵੇਲੈ: ਪੋਲੇ ਬੋਲੋ	Jith Dhin Dhaeh Binasasee Thith Vaelai Kehasan Praeth ||	On that day when the body perishes-at that time, she becomes a ghost.	ਜਿਸ ਦਿਨ ਮਨੁੱਖ ਦਾ ਸਰੀਰ ਨਾਸ ਹੋਵੇਗਾ (ਜਦੋਂ ਮਨੁੱਖ ਮਰ ਜਾਇਗਾ) ਉਸ ਵੇਲੇ (ਸਾਰੇ ਸਾਕ-ਅੰਗ) ਆਖਣਗੇ ਕਿ ਇਹ ਹੁਣ ਗੁਜ਼ਰ ਗਿਆ ਹੈ। (ਲੋਥ ਅਪਵਿਤ੍ਰ ਪਈ ਹੈ, ਇਸ ਨੂੰ ਛੇਤੀ ਬਾਹਰ ਲੈ ਚੱਲੋ)।
5510	134	ਪਕੜਿ ਚਲਾਇਨਿ ਦੂਤਜਮ ਕਿਸੈ ਨ ਦੇਨੀ ਭੇਤੁ॥	ਚੱਲਾਇਨਿ	Pakarr Chalaaein Dhooth Jam Kisai N Dhaenee Bhaeth ||	The Messenger of Death seizes and holds her, and does not tell anyone his secret.	ਜਮਦੂਤ (ਜਿੰਦ ਨੂੰ) ਫੜ ਕੇ ਅੱਗੇ ਲਾ ਲੈਂਦੇ ਹਨ, ਕਿਸੇ ਨੂੰ (ਇਹ) ਭੇਤ ਨਹੀਂ ਦੱਸਦੇ (ਕਿ ਕਿੱਥੇ ਲੈ ਚੱਲੇ ਹਾਂ)।
5511	134	ਛਡਿ ਖੜੋਤੇ ਖਿਨੈ ਮਾਹਿ ਜਿਨ ਸਿਉ ਲਗਾ ਹੇਤੁ॥		Shhadd Kharrothae Khinai Maahi Jin Sio Lagaa Haeth ||	And her loved ones-in an instant, they move on, leaving her all alone.	(ਜਿਨ੍ਹਾਂ ਸੰਬੰਧੀਆਂ ਨਾਲ (ਸਾਰੀ ਉਮਰ ਬੜਾ) ਪਿਆਰ ਬਣਿਆ ਰਹਿੰਦਾ ਹੈ ਉਹ ਪਲ ਵਿਚ ਹੀ ਸਾਥ ਛੱਡ ਬੈਠਦੇ ਹਨ।

5512	134	ਹਥ ਮਰੋੜੈ ਤਨੁ ਕਪੇ ਸਿਆਹਹੁ ਹੋਆ ਸੇਤੁ॥	ਹੱਥ, (ਕਪੇ) ਕੰਬਦਾ। (ਸਿਆਹ-ਹੁ) ਕਾਲ਼ੇ ਤੋਂ (ਸੇਤੁ) ਚਿੱਟਾ	Hathh Marorrai Than Kapae Siaahahu Hoaa Saeth ||	She wrings her hands, her body writhes in pain, and she turns from black to white.	(ਮੌਤ ਆਈ ਵੇਖ ਕੇ ਮਨੁੱਖ) ਬੜਾ ਪਛੁਤਾਂਦਾ ਹੈ, ਉਸ ਦਾ ਸਰੀਰ ਔਖਾ ਹੁੰਦਾ ਹੈ, ਉਹ ਕਾਲੇ ਤੋਂ ਚਿੱਟਾ ਪਿਆ ਹੁੰਦਾ ਹੈ (ਘਬਰਾਹਟ ਨਾਲ ਇਕ ਰੰਗ ਆਉਂਦਾ ਹੈ ਇਕ ਜਾਂਦਾ ਹੈ)।
5513	134	ਜੇਹਾ ਬੀਜੈ ਸੋ ਲੁਣੈ ਕਰਮਾ ਸੰਦੜਾ ਖੇਤੁ॥	(ਲੁਣੈ) ਵੱਢਦਾ ਹੈ। (ਸੰਦੜਾ) ਦਾ	Jaehaa Beejai So Lunai Karamaa Sandharraa Khaeth ||	As she has planted, so does she harvest; such is the field of karma.	ਇਹ ਸਰੀਰ ਮਨੁੱਖ ਦੇ ਕੀਤੇ ਕਰਮਾਂ ਦਾ ਖੇਤ ਹੈ, ਜੋ ਕੁਝ ਮਨੁੱਖ ਇਸ ਵਿਚ ਬੀਜਦਾ ਹੈ ਉਹੀ ਫ਼ਸਲ ਵੱਢਦਾ ਹੈ (ਜੇਹੇ ਕਰਮ ਕਰਦਾ ਹੈ, ਤੇਹਾ ਫਲ ਪਾਂਦਾ ਹੈ)।
5514	134	ਨਾਨਕ ਪ੍ਰਭ ਸਰਣਾਗਤੀ ਚਰਣ ਬੋਹਿਥ ਪ੍ਰਭ ਦੇਤੁ॥	(ਬੋਹਿਥ) ਜਹਾਜ	Naanak Prabh Saranaagathee Charan Bohithh Prabh Dhaeth ||	Nanak seeks God's Sanctuary; God has given him the Boat of His Feet.	ਹੇ ਨਾਨਕ! ਜਿਨ੍ਹਾਂ ਦਾ ਰਾਖਾ ਤੇ ਹਿਤੂ ਗੁਰੂ ਬਣਦਾ ਹੈ, ਗੁਰੂ ਉਹਨਾਂ ਨੂੰ ਪ੍ਰਭੂ ਦੇ ਚਰਨ-ਰੂਪ ਜਹਾਜ਼ (ਵਿਚ ਚੜ੍ਹਾ) ਦੇਂਦਾ ਹੈ
5515	134	ਸੇ ਭਾਦੁਇ ਨਰਕਿ ਨ ਪਾਈਅਹਿ ਗੁਰੁ ਰਖਣ ਵਾਲਾ ਹੇਤੁ॥੭॥	(ਹੇਤੁ) ਪ੍ਰੇਮ	Sae Bhaadhue Narak N Paaeeahi Gur Rakhan Vaalaa Haeth ||7||	Those who love the Guru, the Protector and Savior, in Bhaadon, shall not be thrown down into hell. ||7||	ਉਹ ਨਰਕ ਵਿਚ ਨਹੀਂ ਪਾਏ ਜਾਂਦੇ, (ਕਿਉਂਕਿ ਗੁਰੂ ਦੀ ਕਿਰਪਾ ਨਾਲ) ਉਹ ਪ੍ਰਭੂ ਦੀ ਸਰਨ ਵਿਚ ਆ ਜਾਂਦੇ ਹਨ ॥੭॥

5516	134	ਅਸੁਨਿ ਪ੍ਰੇਮ ਉਮਾਹੜਾ ਕਿਉ ਮਿਲੀਐ ਹਰਿ ਜਾਇ॥	(ਅੱਸੁਨਿ) ਅੱਸੂ ਰੁੱਤ ਚ। (ਉਮਾਹੜਾ) ਉਤਸ਼ਾਹ	Asun Praem Oumaaharraa Kio Mileeai Har Jaae ||	In the month of Assu, my love for the Lord overwhelms me. How can I go and meet the Lord?	ਹੇ ਮਾਂ! (ਭਾਦਰੋਂ ਦੇ ਘੁੰਮੇ ਤੇ ਤ੍ਰਾਟਕੇ ਲੰਘਣ ਪਿੱਛੋਂ) ਅੱਸੂ (ਦੀ ਮਿੱਠੀ ਮਿੱਠੀ ਰੁੱਤ) ਵਿਚ (ਮੇਰੇ ਅੰਦਰ ਪ੍ਰਭੂ-ਪਤੀ ਦੇ) ਪਿਆਰ ਦਾ ਉਛਾਲਾ ਆ ਰਿਹਾ ਹੈ (ਮਨ ਤੜਫਦਾ ਹੈ ਕਿ) ਕਿਸੇ ਨਾ ਕਿਸੇ ਤਰ੍ਹਾਂ ਚੱਲ ਕੇ ਪ੍ਰਭੂ-ਪਤੀ ਨੂੰ ਮਿਲਾਂ।
5517	135	ਮਨਿ ਤਨਿ ਪਿਆਸ ਦਰਸਨ ਘਣੀ ਕੋਈ ਆਣਿ ਮਿਲਾਵੈ ਮਾਇ॥	(ਘਣੀ) ਬਹੁਤੀ	Man Than Piaas Dharasan Ghanee Koee Aan Milaavai Maae ||	My mind and body are so thirsty for the Blessed Vision of His Darshan. Won't someone please come and lead me to him, O my mother.	ਮੇਰੇ ਮਨ ਵਿਚ ਮੇਰੇ ਤਨ ਵਿਚ ਪ੍ਰਭੂ ਦੇ ਦਰਸਨ ਦੀ ਬੜੀ ਪਿਆਸ ਲੱਗੀ ਹੋਈ ਹੈ (ਚਿੱਤ ਲੋਚਦਾ ਹੈ ਕਿ) ਕੋਈ (ਉਸ ਪਤੀ ਨੂੰ) ਲਿਆ ਕੇ ਮੇਲ ਕਰਾ ਦੇਵੇ।
5518	135	ਸੰਤ ਸਹਾਈ ਪ੍ਰੇਮ ਕੇ ਹਉ ਤਿਨ ਕੈ ਲਾਗਾ ਪਾਇ॥		Santh Sehaaee Praem Kae Ho Thin Kai Laagaa Paae ||	The Saints are the helpers of the Lord's lovers; I fall and touch their feet.	(ਇਹ ਸੁਣ ਕੇ ਕਿ) ਸੰਤ ਜਨ ਪ੍ਰੇਮ ਵਧਾਣ ਵਿਚ ਸਹੈਤਾ ਕਰਿਆ ਕਰਦੇ ਹਨ, ਮੈਂ ਉਹਨਾਂ ਦੀ ਚਰਨੀਂ ਲੱਗੀ ਹਾਂ।
5519	135	ਵਿਣੁ ਪ੍ਰਭ ਕਿਉ ਸੁਖੁ ਪਾਈਐ ਦੂਜੀ ਨਾਹੀ ਜਾਇ॥	(ਜਾਇ) ਥਾਂ	Vin Prabh Kio Sukh Paaeeai Dhoojee Naahee Jaae ||	Without God, how can I find peace? There is nowhere else to go.	(ਹੇ ਮਾਂ!) ਪ੍ਰਭੂ ਤੋਂ ਬਿਨਾ ਸੁਖ ਆਨੰਦ ਨਹੀਂ ਮਿਲ ਸਕਦਾ (ਕਿਉਂਕਿ ਸੁਖ-ਆਨੰਦ ਦੀ) ਹੋਰ ਕੋਈ ਥਾਂ ਹੀ ਨਹੀਂ।

5520	135	ਜਿੰਨ੍ਹੀ ਚਾਖਿਆ ਪ੍ਰੇਮ ਰਸੁ ਸੇ ਤ੍ਰਿਪਤਿ ਰਹੇ ਆਘਾਇ॥	(ਆਘਾਇ) ਰੱਜੇ	Jinnhee Chaakhiaa Praem Ras Sae Thripath Rehae Aaghaae ||	Those who have tasted the sublime essence of His Love, remain satisfied and fulfilled.	ਜਿਨ੍ਹਾਂ (ਵਡ-ਭਾਗੀਆਂ) ਨੇ ਪ੍ਰਭੂ-ਪਿਆਰ ਦਾ ਸੁਆਦ (ਇਕ ਵਾਰੀ) ਚੱਖ ਲਿਆ ਹੈ (ਉਹਨਾਂ ਨੂੰ ਮਾਇਆ ਦੇ ਸੁਆਦ ਭੁੱਲ ਜਾਂਦੇ ਹਨ, ਮਾਇਆ ਵੱਲੋਂ) ਉਹ ਰੱਜ ਜਾਂਦੇ ਹਨ,
5521	135	ਆਪੁ ਤਿਆਗਿ ਬਿਨਤੀ ਕਰਹਿ ਲੇਹੁ ਪ੍ਰਭੂ ਲੜਿ ਲਾਇ॥		Aap Thiaag Binathee Karehi Laehu Prabhoo Larr Laae ||	They renounce their selfishness and conceit, and they pray, ""God, please attach me to the hem of Your robe.""	ਆਪਾ-ਭਾਵ ਛੱਡ ਕੇ ਉਹ ਸਦਾ ਅਰਦਾਸਾਂ ਕਰਦੇ ਰਹਿੰਦੇ ਹਨ- ਹੇ ਪ੍ਰਭੂ! ਸਾਨੂੰ ਆਪਣੇ ਲੜ ਲਾਈ ਰੱਖ।
5522	135	ਜੋ ਹਰਿ ਕੰਤਿ ਮਿਲਾਈਆ ਸਿ ਵਿਛੁੜਿ ਕਤਹਿ ਨ ਜਾਇ॥		Jo Har Kanth Milaaeeaa S Vishhurr Kathehi N Jaae ||	Those whom the Husband Lord has united with Himself, shall not be separated from Him again.	ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ ਖਸਮ ਨੇ ਆਪਣੇ ਨਾਲ ਮਿਲਾ ਲਿਆ ਹੈ, ਉਹ (ਉਸ ਮਿਲਾਪ ਵਿਚੋਂ) ਵਿੱਛੁੜ ਕੇ ਹੋਰ ਕਿਸੇ ਥਾਂ ਨਹੀਂ ਜਾਂਦੀ,
5523	135	ਪ੍ਰਭ ਵਿਣੁ ਦੂਜਾ ਕੋ ਨਹੀ ਨਾਨਕ ਹਰਿ ਸਰਣਾਇ॥		Prabh Vin Dhoojaa Ko Nehee Naanak Har Saranaae ||	Without God, there is no other at all. Nanak has entered the Sanctuary of the Lord.	(ਕਿਉਂਕਿ) ਹੇ ਨਾਨਕ (ਉਸ ਨੂੰ ਨਿਸਚਾ ਆ ਜਾਂਦਾ ਹੈ ਕਿ ਸਦੀਵੀ ਸੁਖ ਵਾਸਤੇ) ਪ੍ਰਭੂ ਦੀ ਸਰਨ ਤੋਂ ਬਿਨਾ ਹੋਰ ਕੋਈ ਥਾਂ ਨਹੀਂ ਹੈ।

5524	135	ਅਸੂ ਸੁਖੀ ਵਸੰਦੀਆ ਜਿਨਾ ਮਇਆ ਹਰਿ ਰਾਇ॥੮॥	ਅੱਸੂ। ਮ-ਇਆ	Asoo Sukhee Vasandheeaa Jinaa Maeiaa Har Raae ||8||	In Assu, the Lord, the Sovereign King, has granted His Mercy, and they dwell in peace. ||8||	ਉਹ ਸਦਾ ਪ੍ਰਭੂ ਦੀ ਸਰਨ ਪਈ ਰਹਿੰਦੀ ਹੈ। ਅੱਸੂ (ਦੀ ਮਿੱਠੀ ਮਿੱਠੀ ਰੁੱਤ) ਵਿਚ ਉਹ ਜੀਵ-ਇਸਤ੍ਰੀਆਂ ਸੁਖ ਵਿਚ ਵੱਸਦੀਆਂ ਹਨ, ਜਿਨ੍ਹਾਂ ਉੱਤੇ ਪਰਮਾਤਮਾ ਦੀ ਕਿਰਪਾ ਹੁੰਦੀ ਹੈ ॥੮॥
5525	135	ਕਤਿਕਿ ਕਰਮ ਕਮਾਵਣੇ ਦੋਸੁ ਨ ਕਾਹੂ ਜੋਗੁ॥	ਕੱਤਿ-ਕਿ ਮਹੀਨੇ ਰਾਹੀਂ ਉਪਦੇਸ਼ ਦਿੰਦੇ ਹਨ	Kathik Karam Kamaavanae Dhos N Kaahoo Jog ||	In the month of Katak, do good deeds. Do not try to blame anyone else.	ਕੱਤਕ (ਦੀ ਸੁਹਾਵਣੀ ਰੁੱਤ) ਵਿਚ (ਭੀ ਜੇ ਪ੍ਰਭੂ-ਪਤੀ ਨਾਲੋਂ ਵਿਛੋੜਾ ਰਿਹਾ ਤਾਂ ਇਹ ਆਪਣੇ) ਕੀਤੇ ਕਰਮਾਂ ਦਾ ਸਿੱਟਾ ਹੈ, ਕਿਸੇ ਹੋਰ ਦੇ ਮੱਥੇ ਕੋਈ ਦੋਸ ਨਹੀਂ ਲਾਇਆ ਜਾ ਸਕਦਾ।
5526	135	ਪਰਮੇਸਰ ਤੇ ਭੁਲਿਆਂ ਵਿਆਪਨਿ ਸਭੇ ਰੋਗ॥	(ਵਿਆਪਨਿ) ਲੱਗਣ	Paramaesar Thae Bhuliaaan Viaapan Sabhae Rog ||	Forgetting the Transcendent Lord, all sorts of illnesses are contracted.	ਪਰਮੇਸਰ (ਦੀ ਯਾਦ) ਤੋਂ ਖੁੰਝਿਆਂ (ਦੁਨੀਆ ਦੇ) ਸਾਰੇ ਦੁੱਖ-ਕਲੇਸ਼ ਜ਼ੋਰ ਪਾ ਲੈਂਦੇ ਹਨ।
5527	135	ਵੇਮੁਖ ਹੋਏ ਰਾਮ ਤੇ ਲਗਨਿ ਜਨਮ ਵਿਜੋਗ॥	(ਵਿਜੋਗ) ਵਿਛੋੜੇ। ਲੱਗਨਿ	Vaemukh Hoeae Raam Thae Lagan Janam Vijog ||	Those who turn their backs on the Lord shall be separated from Him and consigned to reincarnation, over and over again.	ਜਿਨ੍ਹਾਂ ਨੇ (ਇਸ ਜਨਮ ਵਿਚ) ਪਰਮਾਤਮਾ ਦੀ ਯਾਦ ਵੱਲੋਂ ਮੂੰਹ ਮੋੜੀ ਰੱਖਿਆ, ਉਹਨਾਂ ਨੂੰ (ਫਿਰ) ਲੰਮੇ ਵਿਛੋੜੇ ਪੈ ਜਾਂਦੇ ਹਨ।

5528	135	ਖਿਨ ਮਹਿ ਕਉੜੇ ਹੋਇ ਗਏ ਜਿਤੜੇ ਮਾਇਆ ਭੋਗ॥	(ਜਿੱਤੜੇ) ਜਿੰਨੇ	Khin Mehi Kourrae Hoe Geae Jitharrae Maaeiaa Bhog ||	In an instant, all of Maya's sensual pleasures turn bitter.	ਜੇਹੜੀਆਂ ਮਾਇਆ ਦੀਆਂ ਮੌਜਾਂ (ਦੀ ਖ਼ਾਤਰ ਪ੍ਰਭੂ ਨੂੰ ਭੁਲਾ ਦਿੱਤਾ ਸੀ, ਉਹ ਭੀ) ਇਕ ਪਲ ਵਿਚ ਦੁਖਦਾਈ ਹੋ ਜਾਂਦੀਆਂ ਹਨ,
5529	135	ਵਿਚੁ ਨ ਕੋਈ ਕਰਿ ਸਕੈ ਕਿਸ ਥੈ ਰੋਵਹਿ ਰੋਜ॥	ਜਮਾ ਦੀ ਮਾਰ ਤੋਂ ਬਖ਼ਸ਼ਾਉਣ ਲਈ (ਵਿੱਚੁ) ਵਿਚੋਲਗੀ। (ਥੈ) ਪਾਸ	Vich N Koee Kar Sakai Kis Thhai Rovehi Roj ||	No one can then serve as your intermediary. Unto whom can we turn and cry?	(ਉਸ ਦੁਖੀ ਹਾਲਤ ਵਿਚ) ਕਿਸੇ ਪਾਸ ਭੀ ਨਿਤ ਰੋਏ ਰੋਏ ਦਾ ਕੋਈ ਲਾਭ ਨਹੀਂ ਹੁੰਦਾ, (ਕਿਉਂਕਿ ਦੁੱਖ ਤਾਂ ਹੈ ਵਿਛੋੜੇ ਦੇ ਕਾਰਨ, ਤੇ ਵਿਛੋੜੇ ਨੂੰ ਦੂਰ ਕਰਨ ਲਈ) ਕੋਈ ਵਿਚੋਲਾ-ਪਨ ਨਹੀਂ ਕਰ ਸਕਦਾ।
5530	135	ਕੀਤਾ ਕਿਛੂ ਨ ਹੋਵਈ ਲਿਖਿਆ ਧੁਰਿ ਸੰਜੋਗ॥		Keethaa Kishhoo N Hovee Likhiaa Dhhur Sanjog ||	By one's own actions, nothing can be done; destiny was pre-determined from the very beginning.	(ਦੁਖੀ ਜੀਵ ਦੀ ਆਪਣੀ) ਕੋਈ ਪੇਸ਼ ਨਹੀਂ ਜਾਂਦੀ, (ਪਿਛਲੇ ਕੀਤੇ ਕਰਮਾਂ ਅਨੁਸਾਰ) ਧੁਰੋਂ ਹੀ ਲਿਖੇ ਲੇਖਾਂ ਦੀ ਬਿਧ ਆ ਬਣਦੀ ਹੈ।
5531	135	ਵਡਭਾਗੀ ਮੇਰਾ ਪ੍ਰਭੁ ਮਿਲੈ ਤਾਂ ਉਤਰਹਿ ਸਭਿ ਬਿਓਗ॥	(ਬਿਓਗ) ਵਿਛੋੜੇ ਦੇ ਦੁੱਖ। ਉੱਤਰ-ਹਿ	Vaddabhaagee Maeraa Prabh Milai Thaan Outharehi Sabh Bioug ||	By great good fortune, I meet my God, and then all pain of separation departs.	(ਹਾਂ!) ਜੇ ਚੰਗੇ ਭਾਗਾਂ ਨੂੰ ਪ੍ਰਭੂ (ਆਪ) ਆ ਮਿਲੇ, ਤਾਂ ਵਿਛੋੜੇ ਤੋਂ ਪੈਦਾ ਹੋਏ ਸਾਰੇ ਦੁੱਖ ਮਿਟ ਜਾਂਦੇ ਹਨ।
5532	135	ਨਾਨਕ ਕਉ ਪ੍ਰਭ ਰਾਖਿ ਲੇਹਿ ਮੇਰੇ ਸਾਹਿਬ ਬੰਦੀ ਮੋਚ॥	(ਬੰਦੀ) ਬੰਧਨ, ਕੈਦ ਤੋਂ (ਮੋਚ) ਛਡਾਉਣ ਵਾਲੇ	Naanak Ko Prabh Raakh Laehi Maerae Saahib Bandhee Moch ||	Please protect Nanak, God; O my Lord and Master, please release me from bondage.	(ਨਾਨਕ ਦੀ ਤਾਂ ਇਹੀ ਬੇਨਤੀ ਹੈ-) ਹੇ ਮਾਇਆ ਦੇ ਬੰਧਨਾਂ ਤੋਂ ਛੁਡਾਵਣ ਵਾਲੇ ਮੇਰੇ ਮਾਲਕ! ਨਾਨਕ ਨੂੰ (ਮਾਇਆ ਦੇ ਮੋਹ ਤੋਂ) ਬਚਾ ਲੈ।

5533	135	ਕਤਿਕ ਹੋਵੈ ਸਾਧਸੰਗੁ ਬਿਨਸਹਿ ਸਭੇ ਸੋਚ॥੯॥	(ਸੋਚ) ਚਿੰਤਾ	Kathik Hovai Saadhhasang Binasehi Sabhae Soch ||9||	In Katak, in the Company of the Holy, all anxiety vanishes. ||9||	ਕੱਤਕ (ਦੀ ਸੁਆਦਲੀ ਰੁੱਤ) ਵਿਚ ਜਿਨ੍ਹਾਂ ਨੂੰ ਸਾਧ ਸੰਗਤਿ ਮਿਲ ਜਾਏ, ਉਹਨਾਂ ਦੇ (ਵਿਛੋੜੇ ਵਾਲੇ) ਸਾਰੇ ਚਿੰਤਾ ਝੋਰੇ ਮੁੱਕ ਜਾਂਦੇ ਹਨ ॥੯॥
5534	135	ਮੰਘਿਰਿ ਮਾਹਿ ਸੋਹੰਦੀਆ ਹਰਿ ਪਿਰ ਸੰਗਿ ਬੈਠੜੀਆਹ॥	(ਮਾਹਿ) ਮਹੀਨੇ। ਮੰ–ਘਿਰਿ ਘੱਘੇ ਰਾਰੇ ਨੂੰ ਸਿਹਾਰੀ ਬੋਲੋ	Manghir Maahi Sohandheeaa Har Pir Sang Baitharreeaah ||	In the month of Maghar, those who sit with their Beloved Husband Lord are beautiful.	ਮੱਘਰ (ਦੇ ਠੰਢੇ-ਮਿੱਠੇ) ਮਹੀਨੇ ਵਿਚ ਉਹ ਜੀਵ-ਇਸਤ੍ਰੀਆਂ ਸੋਹਣੀਆਂ ਲੱਗਦੀਆਂ ਹਨ ਜੋ ਹਰੀ-ਪਤੀ ਦੇ ਨਾਲ ਬੈਠੀਆਂ ਹੁੰਦੀਆਂ ਹਨ।
5535	135	ਤਿਨ ਕੀ ਸੋਭਾ ਕਿਆ ਗਣੀ ਜਿ ਸਾਹਿਬਿ ਮੇਲੜੀਆਹ॥		Thin Kee Sobhaa Kiaa Ganee J Saahib Maelarreeaah ||	How can their glory be measured? Their Lord and Master blends them with Himself.	ਜਿਨ੍ਹਾਂ ਨੂੰ ਮਾਲਕ-ਪ੍ਰਭੂ ਨੇ ਆਪਣੇ ਨਾਲ ਮਿਲਾ ਲਿਆ, ਉਹਨਾਂ ਦੀ ਸੋਭਾ ਬਿਆਨ ਨਹੀਂ ਹੋ ਸਕਦੀ।
5536	135	ਤਨੁ ਮਨੁ ਮਉਲਿਆ ਰਾਮ ਸਿਉ ਸੰਗਿ ਸਾਧ ਸਹੇਲੜੀਆਹ॥	(ਮਉੱਲਿਆ) ਖਿੜਿਆ, ਹਰਾ ਭਰਾ	Than Man Mouliaa Raam Sio Sang Saadhh Sehaelarreeaah ||	Their bodies and minds blossom forth in the Lord; they have the companionship of the Holy Saints.	ਸਤ-ਸੰਗੀ ਸਹੇਲੀਆਂ ਦੀ ਸੰਗਤਿ ਵਿਚ ਪ੍ਰਭੂ ਦੇ ਨਾਲ (ਚਿੱਤ ਜੋੜ ਕੇ) ਉਹਨਾਂ ਦਾ ਸਰੀਰ ਉਹਨਾਂ ਦਾ ਮਨ ਸਦਾ ਖਿੜਿਆ ਰਹਿੰਦਾ ਹੈ।

5537	135	ਸਾਧ ਜਨਾ ਤੇ ਬਾਹਰੀ ਸੇ ਰਹਨਿ ਇਕੇਲੜੀਆਹ॥	(ਬਾਹਰੀ) ਹੀਣ। ਇਕੇਲੜੀ-ਆਹ: ਕੰਨਾ ਪੂਰਾ ਲਾ ਕੇਹ ਮੁਕਤਾ ਬੋਲੋ	Saadhh Janaa Thae Baaharee Sae Rehan Eikaelarreeaah ||	Those who lack the Company of the Holy, remain all alone.	ਪਰ ਜੇਹੜੀਆਂ ਜੀਵ-ਇਸਤ੍ਰੀਆਂ ਸਤਸੰਗੀਆਂ (ਦੀ ਸੰਗਤਿ) ਤੋਂ ਵਾਂਜੀਆਂ ਰਹਿੰਦੀਆਂ ਹਨ, ਉਹ ਇਕੱਲੀਆਂ (ਛੁੱਟੜ) ਹੀ ਰਹਿੰਦੀਆਂ ਹਨ (ਜਿਵੇਂ ਸੜੇ ਹੋਏ ਤਿਲਾਂ ਦਾ ਬੂਟਾ ਪੈਲੀ ਵਿਚ ਨਿਖਸਮਾ ਰਹਿੰਦਾ ਹੈ।
5538	135	ਤਿਨ ਦੁਖੁ ਨ ਕਬਹੂ ਉਤਰੈ ਸੇ ਜਮ ਕੈ ਵਸਿ ਪੜੀਆਹ॥	ਵੱਸਿ। ਪੜੀ-ਆਹ: ੜ ਹਲੰਤ ਨਹੀਂ ਲਾਉਣਾ	Thin Dhukh N Kabehoo Outharai Sae Jam Kai Vas Parreeaah ||	Their pain never departs, and they fall into the grip of the Messenger of Death.	ਇਕੱਲੀ ਨਿਖਸਮੀ ਜਿੰਦ ਨੂੰ ਵੇਖ ਕੇ ਕਾਮਾਦਿਕ ਕਈ ਵੈਰੀ ਆ ਕੇ ਘੇਰ ਲੈਂਦੇ ਹਨ, ਤੇ) ਉਹਨਾਂ ਦਾ (ਵਿਕਾਰਾਂ ਤੋਂ ਉਪਜਿਆ) ਦੁੱਖ ਕਦੇ ਲਹਿੰਦਾ ਨਹੀਂ, ਉਹ ਜਮਾਂ ਦੇ ਵੱਸ ਪਈਆਂ ਰਹਿੰਦੀਆਂ ਹਨ।
5539	135	ਜਿਨੀ ਰਾਵਿਆ ਪ੍ਰਭੁ ਆਪਣਾ ਸੇ ਦਿਸਨਿ ਨਿਤ ਖੜੀਆਹ॥	ਬ੍ਰਹਮਾਨੰਦ ਰਸ (ਰਾਵਿਆ) ਮਾਣਿਆ। (ਖੜੀਆਹ) ਸੁਚੇਤ, ਸਾਵਧਾਨ	Jinee Raaviaa Prabh Aapanaa Sae Dhisan Nith Kharreeaah ||	Those who have ravished and enjoyed their God, are seen to be continually exalted and uplifted.	ਜਿਨ੍ਹਾਂ ਜੀਵ-ਇਸਤ੍ਰੀਆਂ ਨੇ ਪਤੀ-ਪ੍ਰਭੂ ਦਾ ਸਾਥ ਮਾਣਿਆ ਹੈ, ਉਹ (ਵਿਕਾਰਾਂ ਦੇ ਹੱਲੇ ਵਲੋਂ) ਸਦਾ ਸੁਚੇਤ ਦਿੱਸਦੀਆਂ ਹਨ (ਵਿਕਾਰ ਉਹਨਾਂ ਉਤੇ ਚੋਟ ਨਹੀਂ ਕਰ ਸਕਦੇ, ਕਿਉਂਕਿ)
5540	135	ਰਤਨ ਜਵੇਹਰ ਲਾਲ ਹਰਿ ਕੰਠਿ ਤਿਨਾ ਜੜੀਆਹ॥	ਅਜਪਾ ਜਾਪ ਵਾਹਿਗੁਰੂ ਨਾਮ ਜੀ ਨੂੰ, ਆਪਣੀ (ਕੰਠਿ) ਯਾਦ ਚ ਵਾ (ਕੰਠਿ) ਗਲ਼ੇ ਚ (ਜੜੀਆਹ) ਸਜਾਇਆ ਹੈ	Rathan Javaehar Laal Har Kanth Thinaa Jarreeaah ||	They wear the Necklace of the jewels, emeralds and rubies of the Lord's Name.	ਪਰਮਾਤਮਾ ਦੇ ਗੁਣਾਨੁਵਾਦ ਉਹਨਾਂ ਦੇ ਹਿਰਦੇ ਵਿਚ ਪ੍ਰੋਤੇ ਰਹਿੰਦੇ ਹਨ, ਜਿਵੇਂ ਹੀਰੇ ਜਵਾਹਰ ਤੇ ਲਾਲਾਂ ਦਾ ਗਲ ਵਿਚ ਪਾਇਆ ਹੁੰਦਾ ਹੈ।

5541	135	ਨਾਨਕ ਬਾਂਛੈ ਧੂੜਿ ਤਿਨ ਪ੍ਰਭ ਸਰਣੀ ਦਰਿ ਪੜੀਆਹ॥	(ਬਾਂਛੈ) ਚਾਹੁੰਦੇ	Naanak Baanshhai Dhhoorr Thin Prabh Saranee Dhar Parreeaah ||	Nanak seeks the dust of the feet of those who take to the Sanctuary of the Lord's Door.	ਨਾਨਕ ਉਹਨਾਂ ਸਤਸੰਗੀਆਂ ਦੇ ਚਰਨਾਂ ਦੀ ਧੂੜ ਮੰਗਦਾ ਹੈ ਜੋ ਪ੍ਰਭੂ ਦੇ ਦਰ ਤੇ ਪਏ ਰਹਿੰਦੇ ਹਨ ਜੋ ਪ੍ਰਭੂ ਦੀ ਸਰਨ ਵਿਚ ਰਹਿੰਦੇ ਹਨ।
5542	135	ਮੰਘਿਰਿ ਪ੍ਰਭੁ ਆਰਾਧਣਾ ਬਹੁੜਿ ਨ ਜਨਮੜੀਆਹ॥੧੦॥	ਜਨਮੜੀ-ਆਹ	Manghir Prabh Aaraadhhanaa Bahurr N Janamarreeaah ||10||	Those who worship and adore God in Maghar, do not suffer the cycle of reincarnation ever again. ||10||	ਮੱਘਰ ਵਿਚ ਪਰਮਾਤਮਾ ਦਾ ਸਿਮਰਨ ਕੀਤਿਆਂ ਮੁੜ ਜਨਮ ਮਰਨ ਦਾ ਗੇੜ ਨਹੀਂ ਵਾਪਰਦਾ ॥੧੦॥
5543	135	ਪੋਖਿ ਤੁਖਾਰੁ ਨ ਵਿਆਪਈ ਕੰਠਿ ਮਿਲਿਆ ਹਰਿ ਨਾਹੁ॥	ਪਉੜੀ ਚ , ਕੰਨੇ ਲੰਬੇ, ਔਂਕੜ ਸੰਕੋਚ ਕੇ ਲਾਉਨਾਹੁ,ਸਾਹੁ, ਲਾਹੁ, ਗਾਹੁ। (ਤੁਖਾਰਿ) ਠੰਢ, ਪਾਲ਼ਾ। (ਨਾਹੁ) ਪ੍ਰਭੂ ਪਤੀ ਜੀ	Pokh Thukhaar N Viaapee Kanth Miliaa Har Naahu ||	In the month of Poh, the cold does not touch those, whom the Husband Lord hugs close in His Embrace.	ਪੋਹ ਦੇ ਮਹੀਨੇ ਜਿਸ ਜੀਵ-ਇਸਤ੍ਰੀ ਦੇ ਗਲ ਨਾਲ (ਹਿਰਦੇ ਵਿਚ) ਪ੍ਰਭੂ-ਪਤੀ ਲੱਗਾ ਹੋਇਆ ਹੋਵੇ ਉਸ ਨੂੰ ਕੱਕਰ (ਮਨ ਦੀ ਕਠੋਰਤਾ, ਕੋਰਾਪਨ) ਜ਼ੋਰ ਨਹੀਂ ਪਾ ਸਕਦਾ,
5544	135	ਮਨੁ ਬੇਧਿਆ ਚਰਨਾਰਬਿੰਦ ਦਰਸਨਿ ਲਗੜਾ ਸਾਹੁ॥	(ਬੇਧਿਆ) ਵਿੰਨ੍ਹਿਆ। (ਲੱਗੜਾ) ਲੱਗਿਆ (ਸਾਹੁ) ਵਾਹਿਗੁਰੂ ਜੀ ਚ ਵਾ (ਸਾਹੁ) ਧਿਆਨ	Man Baedhhiaa Charanaarabindh Dharasan Lagarraa Saahu ||	Their minds are transfixed by His Lotus Feet. They are attached to the Blessed Vision of the Lord's Darshan.	(ਕਿਉਂਕਿ) ਉਸਦੀ ਬ੍ਰਿਤੀ ਪ੍ਰਭੂ ਦੇ ਦੀਦਾਰ ਦੀ ਤਾਂਘ ਵਿਚ ਜੁੜੀ ਰਹਿੰਦੀ ਹੈ, ਉਸ ਦਾ ਮਨ ਪ੍ਰਭੂ ਦੇ ਸੋਹਣੇ ਚਰਨਾਂ ਵਿਚ ਵਿੱਝਾ ਰਹਿੰਦਾ ਹੈ।

5545	135	ਓਟ ਗੋਵਿੰਦ ਗੋਪਾਲ ਰਾਇ ਸੇਵਾ ਸੁਆਮੀ ਲਾਹੁ॥	(ਲਾਹੁ) ਲਾਹਾ	Outt Govindh Gopaal Raae Saevaa Suaamee Laahu ||	Seek the Protection of the Lord of the Universe; His service is truly profitable.	ਜਿਸ ਜੀਵ-ਇਸਤ੍ਰੀ ਨੇ ਗੋਬਿੰਦ ਗੋਪਾਲ ਦਾ ਆਸਰਾ ਲਿਆ ਹੈ, ਉਸ ਨੇ ਪ੍ਰਭੂ-ਪਤੀ ਦੀ ਸੇਵਾ ਦਾ ਲਾਭ ਖੱਟਿਆ ਹੈ,
5546	135	ਬਿਖਿਆ ਪੋਹਿ ਨ ਸਕਈ ਮਿਲਿ ਸਾਧੂ ਗੁਣ ਗਾਹੁ॥	(ਗਾਹੁ) ਗਉਣੇ	Bikhiaa Pohi N Sakee Mil Saadhhoo Gun Gaahu ||	Corruption shall not touch you, when you join the Holy Saints and sing the Lord's Praises.	ਮਾਇਆ ਉਸ ਨੂੰ ਪੋਹ ਨਹੀਂ ਸਕਦੀ, ਗੁਰੂ ਨੂੰ ਮਿਲ ਕੇ ਉਸ ਨੇ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਚੁੱਭੀ ਲਾਈ ਹੈ।
5547	135	ਜਹ ਤੇ ਉਪਜੀ ਤਹ ਮਿਲੀ ਸਚੀ ਪ੍ਰੀਤਿ ਸਮਾਹੁ॥		Jeh Thae Oupajee Theh Milee Sachee Preeth Samaahu ||	From where it originated, there the soul is blended again. It is absorbed in the Love of the True Lord.	ਜਿਸ ਪਰਮਾਤਮਾ ਤੋਂ ਉਸ ਨੇ ਜਨਮ ਲਿਆ ਹੈ, ਉਸੇ ਵਿਚ ਉਹ ਜੁੜੀ ਰਹਿੰਦੀ ਹੈ, ਉਸ ਦੀ ਲਿਵ ਪ੍ਰਭੂ ਦੀ ਪ੍ਰੀਤ ਵਿਚ ਲੱਗੀ ਰਹਿੰਦੀ ਹੈ।
5548	135	ਕਰੁ ਗਹਿ ਲੀਨੀ ਪਾਰਬ੍ਰਹਮਿ ਬਹੁੜਿ ਨ ਵਿਛੁੜੀਆਹੁ॥	(ਕਰੁ) ਹੱਥ (ਗਹਿ) ਫੜ। (ਬਹੁੜਿ) ਫਿਰ	Kar Gehi Leenee Paarabreham Bahurr N Vishhurreeaahu ||	When the Supreme Lord God grasps someone's hand, he shall never again suffer separation from Him.	ਪਾਰਬ੍ਰਹਮ ਨੇ (ਉਸ ਦਾ) ਹੱਥ ਫੜ ਕੇ (ਉਸ ਨੂੰ ਆਪਣੇ ਚਰਨਾਂ ਵਿਚ) ਜੋੜਿਆ ਹੁੰਦਾ ਹੈ, ਉਹ ਮੁੜ (ਉਸ ਦੇ ਚਰਨਾਂ ਤੋਂ) ਵਿੱਛੁੜਦੀ ਨਹੀਂ।
5549	135	ਬਾਰਿ ਜਾਉ ਲਖ ਬੇਰੀਆ ਹਰਿ ਸਜਣੁ ਅਗਮ ਅਗਾਹੁ॥	ਬੇਰੀਆ: ਕੰਨੇ ਬਿੰਦੀ ਨ ਲਾਉ	Baar Jaao Lakh Baereeaa Har Sajan Agam Agaahu ||	I am a sacrifice, 100,000 times, to the Lord, my Friend, the Unapproachable and Unfathomable.	(ਪਰ) ਉਹ ਸੱਜਣ ਪ੍ਰਭੂ ਬੜਾ ਅਪਹੁੰਚ ਹੈ, ਬੜਾ ਡੂੰਘਾ ਹੈ, ਮੈਂ ਉਸ ਤੋਂ ਲਖ ਵਾਰੀ ਕੁਰਬਾਨ ਹਾਂ।

5550	135	ਸਰਮ ਪਈ ਨਾਰਾਇਣੈ ਨਾਨਕ ਦਰਿ ਪਈਆਹੁ॥	(ਸਰਮ) ਲਾਜ	Saram Pee Naaraaeinai Naanak Dhar Peeaahu ||	Please preserve my honor, Lord; Nanak begs at Your Door.	ਹੇ ਨਾਨਕ! (ਉਹ ਬੜਾ ਦਿਆਲ ਹੈ) ਦਰ ਉੱਤੇ ਡਿੱਗਿਆਂ ਦੀ ਉਸ ਪ੍ਰਭੂ ਨੂੰ ਇੱਜ਼ਤ ਰੱਖਣੀ ਹੀ ਪੈਂਦੀ ਹੈ।
5551	135	ਪੋਖੁ ਸੋਹੰਦਾ ਸਰਬ ਸੁਖ ਜਿਸੁ ਬਖਸੇ ਵੇਪਰਵਾਹੁ॥੧੧॥	(ਸੋਹੰਦਾ) ਸੋਭਨੀਕ	Pokh Suohandhaa Sarab Sukh Jis Bakhasae Vaeparavaahu ||11||	Poh is beautiful, and all comforts come to that one, whom the Carefree Lord has forgiven. ||11||	ਜਿਸ ਉੱਤੇ ਉਹ ਬੇ-ਪਰਵਾਹ ਪ੍ਰਭੂ ਮਿਹਰ ਕਰਦਾ ਹੈ, ਉਸ ਨੂੰ ਪੋਹ ਦਾ ਮਹੀਨਾ ਸੁਹਾਵਣਾ ਲੱਗਦਾ ਹੈ ਉਸ ਨੂੰ ਸਾਰੇ ਹੀ ਸੁਖ ਮਿਲ ਜਾਂਦੇ ਹਨ ॥੧੧॥
5552	135	ਮਾਘਿ ਮਜਨੁ ਸੰਗਿ ਸਾਧੂਆ ਧੂੜੀ ਕਰਿ ਇਸਨਾਨੁ॥	(ਮੱਜਨੁ) ਇਸ਼ਨਾਨ	Maagh Majan Sang Saadhhooaa Dhhoorree Kar Eisanaan ||	In the month of Maagh, let your cleansing bath be the dust of the Saadh Sangat, the Company of the Holy.	ਮਾਘ ਵਿਚ (ਮਾਘੀ ਵਾਲੇ ਦਿਨ ਲੋਕ ਪ੍ਰਯਾਗ ਆਦਿਕ ਤੀਰਥਾਂ ਤੇ ਇਸ਼ਨਾਨ ਕਰਨਾ ਬੜਾ ਪੁੰਨ ਸਮਝਦੇ ਹਨ, ਪਰ ਤੂੰ ਹੇ ਭਾਈ!) ਗੁਰਮੁਖਾਂ ਦੀ ਸੰਗਤਿ ਵਿਚ (ਬੈਠ, ਇਹੀ ਹੈ ਤੀਰਥਾਂ ਦਾ) ਇਸ਼ਨਾਨ, ਉਹਨਾਂ ਦੀ ਚਰਨ ਧੂੜ ਵਿਚ ਇਸ਼ਨਾਨ ਕਰ।
5553	135	ਹਰਿ ਕਾ ਨਾਮੁ ਧਿਆਇ ਸੁਣਿ ਸਭਨਾ ਨੋ ਕਰਿ ਦਾਨੁ॥		Har Kaa Naam Dhhiaae Sun Sabhanaa No Kar Dhaan ||	Meditate and listen to the Name of the Lord, and give it to everyone.	(ਨਿਮ੍ਰਤਾ-ਭਾਵ ਨਾਲ ਗੁਰਮੁਖਾਂ ਦੀ ਸੰਗਤਿ ਕਰ, ਉਥੇ) ਪਰਮਾਤਮਾ ਦਾ ਨਾਮ ਜਪ, ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣ, ਹੋਰ ਸਭਨਾਂ ਨੂੰ ਇਹ ਨਾਮ ਦੀ ਦਾਤ ਵੰਡ,

5554	135	ਜਨਮ ਕਰਮ ਮਲੁ ਉਤਰੈ ਮਨ ਤੇ ਜਾਇ ਗੁਮਾਨੁ॥	(ਗੁਮਾਨੁ) ਅਹੰਕਾਰ	Janam Karam Mal Outharai Man Thae Jaae Gumaan ||	In this way, the filth of lifetimes of karma shall be removed, and egotistical pride shall vanish from your mind.	(ਇਸ ਤਰ੍ਹਾਂ) ਕਈ ਜਨਮਾਂ ਦੇ ਕੀਤੇ ਕਰਮਾਂ ਤੋਂ ਪੈਦਾ ਹੋਈ ਵਿਕਾਰਾਂ ਦੀ ਮੈਲ (ਤੇਰੇ ਮਨ ਤੋਂ) ਲਹਿ ਜਾਇਗੀ, ਤੇਰੇ ਮਨ ਵਿਚੋਂ ਅਹੰਕਾਰ ਦੂਰ ਹੋ ਜਾਇਗਾ।
5555	136	ਕਾਮਿ ਕਰੋਧਿ ਨ ਮੋਹੀਐ ਬਿਨਸੈ ਲੋਭੁ ਸੁਆਨੁ॥	(ਸੁਆਨੁ) ਕੁੱਤਾ	Kaam Karodhh N Moheeai Binasai Lobh Suaan ||	Sexual desire and anger shall not seduce you, and the dog of greed shall depart.	(ਸਿਮਰਨ ਦੀ ਬਰਕਤਿ ਨਾਲ) ਕਾਮ ਵਿਚ ਕ੍ਰੋਧ ਵਿਚ ਨਹੀਂ ਫਸੀਦਾ, ਲੋਭ-ਕੁੱਤਾ ਭੀ ਮੁੱਕ ਜਾਂਦਾ ਹੈ (ਲੋਭ, ਜਿਸ ਦੇ ਅਸਰ ਹੇਠ ਮਨੁੱਖ ਕੁੱਤੇ ਵਾਂਗ ਦਰ ਦਰ ਤੇ ਭਟਕਦਾ ਹੈ)।
5556	136	ਸਚੈ ਮਾਰਗਿ ਚਲਦਿਆ ਉਸਤਤਿ ਕਰੇ ਜਹਾਨੁ॥		Sachai Maarag Chaladhiaa Ousathath Karae Jehaan ||	Those who walk on the Path of Truth shall be praised throughout the world.	ਇਸ ਸੱਚੇ ਰਸਤੇ ਉੱਤੇ ਤੁਰਿਆਂ ਜਗਤ ਦੀ ਸੋਭਾ ਕਰਦਾ ਹੈ।
5557	136	ਅਠਸਠਿ ਤੀਰਥ ਸਗਲ ਪੁੰਨ ਜੀਅ ਦਇਆ ਪਰਵਾਨੁ॥		Athasath Theerathh Sagal Punn Jeea Dhaeiaa Paravaan ||	Be kind to all beings- this is more meritorious than bathing at the sixty-eight sacred shrines of pilgrimage and the giving of charity.	ਅਠਾਹਠ ਤੀਰਥਾਂ ਦਾ ਇਸ਼ਨਾਨ, ਸਾਰੇ ਪੁੰਨ ਕਰਮ, ਜੀਵਾਂ ਉੱਤੇ ਦਇਆ ਕਰਨੀ ਜੋ ਧਾਰਮਿਕ ਕੰਮ ਮੰਨੀ ਗਈ ਹੈ (ਇਹ ਸਭ ਕੁਝ ਸਿਮਰਨ ਦੇ ਵਿਚ ਹੀ ਆ ਜਾਂਦਾ ਹੈ)।

5558	136	ਜਿਸ ਨੋ ਦੇਵੈ ਦਇਆ ਕਰਿ ਸੋਈ ਪੁਰਖੁ ਸੁਜਾਨੁ॥	(ਸੁਜਾਨੁ) ਸਿਆਣਾ	Jis No Dhaevai Dhaeiaa Kar Soee Purakh Sujaan ||	That person, upon whom the Lord bestows His Mercy, is a wise person.	ਪਰਮਾਤਮਾ ਕਿਰਪਾ ਕਰ ਕੇ ਜਿਸ ਮਨੁੱਖ ਨੂੰ (ਸਿਮਰਨ ਦੀ ਦਾਤਿ) ਦੇਂਦਾ ਹੈ, ਉਹ ਮਨੁੱਖ (ਜ਼ਿੰਦਗੀ ਦੇ ਸਹੀ ਰਸਤੇ ਦੀ ਪਛਾਣ ਵਾਲਾ) ਸਿਆਣਾ ਹੋ ਜਾਂਦਾ ਹੈ।
5559	136	ਜਿਨਾ ਮਿਲਿਆ ਪ੍ਰਭੁ ਆਪਣਾ ਨਾਨਕ ਤਿਨ ਕੁਰਬਾਨੁ॥		Jinaa Miliaa Prabh Aapanaa Naanak Thin Kurabaan ||	Nanak is a sacrifice to those who have merged with God.	ਹੇ ਨਾਨਕ! (ਆਖ-) ਜਿਨ੍ਹਾਂ ਨੂੰ ਪਿਆਰਾ ਪ੍ਰਭੂ ਮਿਲ ਪਿਆ ਹੈ, ਮੈਂ ਉਹਨਾਂ ਤੋਂ ਸਦਕੇ ਹਾਂ।
5560	136	ਮਾਘਿ ਸੁਚੇ ਸੇ ਕਾਂਢੀਅਹਿ ਜਿਨ ਪੂਰਾ ਗੁਰੁ ਮਿਹਰਵਾਨੁ॥੧੨॥	(ਕਾਂਢੀਅਹਿ) ਕਹੇ ਜਾਂਦੇ	Maagh Suchae Sae Kaandteeahi Jin Pooraa Gur Miharavaan ||12||	In Maagh, they alone are known as true, unto whom the Perfect Guru is Merciful. ||12||	ਮਾਘ ਮਹੀਨੇ ਵਿਚ ਸਿਰਫ਼ ਉਹੀ ਸੁੱਚੇ ਬੰਦੇ ਆਖੇ ਜਾਂਦੇ ਹਨ, ਜਿਨ੍ਹਾਂ ਉੱਤੇ ਪੂਰਾ ਸਤਿਗੁਰੂ ਦਇਆਵਾਨ ਹੁੰਦਾ ਹੈ (ਤੇ ਜਿਨ੍ਹਾਂ ਨੂੰ ਸਿਮਰਨ ਦੀ ਦਾਤ ਦੇਂਦਾ ਹੈ) ॥੧੨॥

5561	136	ਫਲਗੁਣਿ ਅਨੰਦ ਉਪਾਰਜਨਾ ਹਰਿ ਸਜਣ ਪ੍ਰਗਟੇ ਆਇ॥	(ਉਪਾਰ-ਜਨਾ) ਪੈਦਾ	Falagun Anandh Oupaarajanaa Har Sajan Pragattae Aae ||	In the month of Phalgun, bliss comes to those, unto whom the Lord, the Friend, has been revealed.	(ਸਿਆਲੀ ਰੁੱਤ ਦੀ ਕਰੜੀ ਸਰਦੀ ਪਿੱਛੋਂ ਬਹਾਰ ਫਿਰਨ ਤੇ ਫੱਗਣ ਦੇ ਮਹੀਨੇ ਵਿਚ ਲੋਕ ਹੋਲੀਆਂ ਦੇ ਰੰਗ-ਤਮਾਸ਼ਿਆਂ ਦੀ ਰਾਹੀਂ ਖ਼ੁਸ਼ੀਆਂ ਮਨਾਂਦੇ ਹਨ, ਪਰ) ਫੱਗਣ ਵਿਚ (ਉਹਨਾਂ ਜੀਵ-ਇਸਤ੍ਰੀਆਂ ਦੇ ਅੰਦਰ) ਆਤਮਕ ਆਨੰਦ ਪੈਦਾ ਹੁੰਦਾ ਹੈ, ਜਿਨ੍ਹਾਂ ਦੇ ਹਿਰਦੇ ਵਿਚ ਸੱਜਣ-ਹਰੀ ਪਰਤੱਖ ਆ ਵੱਸਦਾ ਹੈ।
5562	136	ਸੰਤ ਸਹਾਈ ਰਾਮ ਕੇ ਕਰਿ ਕਿਰਪਾ ਦੀਆ ਮਿਲਾਇ॥		Santh Sehaaee Raam Kae Kar Kirapaa Dheeaa Milaae ||	The Saints, the Lord's helpers, in their mercy, have united me with Him.	ਪਰਮਾਤਮਾ ਨਾਲ ਮਿਲਣ ਵਿਚ ਸਹਾਇਤਾ ਕਰਨ ਵਾਲੇ ਸੰਤ ਜਨ ਮਿਹਰ ਕਰ ਕੇ ਉਹਨਾਂ ਨੂੰ ਪ੍ਰਭੂ ਨਾਲ ਜੋੜ ਦੇਂਦੇ ਹਨ।
5563	136	ਸੇਜ ਸੁਹਾਵੀ ਸਰਬ ਸੁਖ ਹੁਣਿ ਦੁਖਾ ਨਾਹੀ ਜਾਇ॥		Saej Suhaavee Sarab Sukh Hun Dhukhaa Naahee Jaae ||	My bed is beautiful, and I have all comforts. I feel no sadness at all.	ਉਹਨਾਂ ਦੀ ਹਿਰਦਾ-ਸੇਜ ਸੁੰਦਰ ਬਣ ਜਾਂਦੀ ਹੈ, ਉਹਨਾਂ ਨੂੰ ਸਾਰੇ ਹੀ ਸੁੱਖ ਪ੍ਰਾਪਤ ਹੋ ਜਾਂਦੇ ਹਨ, ਫਿਰ ਦੁੱਖਾਂ ਲਈ (ਉਹਨਾਂ ਦੇ ਹਿਰਦੇ ਵਿਚ) ਕਿਤੇ ਰਤਾ ਥਾਂ ਨਹੀਂ ਰਹਿ ਜਾਂਦੀ।

5564	136	ਇਛ ਪੁਨੀ ਵਡਭਾਗਣੀ ਵਰੁ ਪਾਇਆ ਹਰਿ ਰਾਇ॥	(ਇੱਛ) ਇੱਛਾ। (ਪੁਨੀ ਟਿੱਪੀ ਨਲਾਉ) ਪੂਰੀ ਹੋਈ। ਵੱਡਭਾਗਣੀ	Eishh Punee Vaddabhaaganee Var Paaeiaa Har Raae ||	My desires have been fulfilled-by great good fortune, I have obtained the Sovereign Lord as my Husband.	ਉਹਨਾਂ ਵਡ-ਭਾਗਣ ਜੀਵ-ਇਸਤ੍ਰੀਆਂ ਦੀ ਮਨੋ-ਕਾਮਨਾ ਪੂਰੀ ਹੋ ਜਾਂਦੀ ਹੈ, ਉਹਨਾਂ ਨੂੰ ਹਰੀ-ਪ੍ਰਭੂ ਖਸਮ ਮਿਲ ਪੈਂਦਾ ਹੈ।
5565	136	ਮਿਲਿ ਸਹੀਆ ਮੰਗਲੁ ਗਾਵਹੀ ਗੀਤ ਗੋਵਿੰਦ ਅਲਾਇ॥	ਸਤਸੰਗੀ (ਸਹੀਆ) ਸਹੇਲੀਆਂ। ਵਾਹਿਗੁਰੂ ਜੀ ਦਾ (ਮੰਗਲੁ) ਜਸ ਗੁਰਬਾਣੀ ਜੀ। (ਅਲਾਇ) ਉਚਾਰਨ	Mil Seheeaa Mangal Gaavehee Geeth Govindh Alaae ||	Join with me, my sisters, and sing the songs of rejoicing and the Hymns of the Lord of the Universe.	ਉਹ ਸਤ-ਸੰਗੀ ਸਹੇਲੀਆਂ ਨਾਲ ਰਲ ਕੇ ਗੋਵਿੰਦ ਦੀ ਸਿਫ਼ਤ-ਸਾਲਾਹ ਦੇ ਗੀਤ ਅਲਾਪ ਕੇ ਆਤਮਕ ਆਨੰਦ ਪੈਦਾ ਕਰਨ ਵਾਲੀ ਗੁਰਬਾਣੀ ਗਾਂਦੀਆਂ ਹਨ।
5566	136	ਹਰਿ ਜੇਹਾ ਅਵਰੁ ਨ ਦਿਸਈ ਕੋਈ ਦੂਜਾ ਲਵੈ ਨ ਲਾਇ॥		Har Jaehaa Avar N Dhisee Koee Dhoojaa Lavai N Laae ||	There is no other like the Lord-there is no equal to Him.	ਪਰਮਾਤਮਾ ਵਰਗਾ ਕੋਈ ਹੋਰ, ਉਸ ਦੀ ਬਰਾਬਰੀ ਕਰ ਸਕਣ ਵਾਲਾ ਕੋਈ ਦੂਜਾ ਉਹਨਾਂ ਨੂੰ ਕਿਤੇ ਦਿੱਸਦਾ ਹੀ ਨਹੀਂ।
5567	136	ਹਲਤੁ ਪਲਤੁ ਸਵਾਰਿਓਨੁ ਨਿਹਚਲ ਦਿਤੀਅਨੁ ਜਾਇ॥	(ਹਲਤੁ) ਇਹ ਲੋਕ, (ਪਲਤੁ) ਪ੍ਰਲੋਕ। (ਜਾਇ) ਸਥਾਨ	Halath Palath Savaarioun Nihachal Dhitheean Jaae ||	He embellishes this world and the world hereafter, and He gives us our permanent home there.	ਉਸ ਪਰਮਾਤਮਾ ਨੇ (ਉਹਨਾਂ ਸਤ-ਸੰਗੀਆਂ ਦਾ) ਲੋਕ ਪਰਲੋਕ ਸਵਾਰ ਦਿੱਤਾ ਹੈ, ਉਹਨਾਂ ਨੂੰ (ਆਪਣੇ ਚਰਨਾਂ ਵਿਚ ਲਿਵ-ਲੀਨਤਾ ਵਾਲੀ) ਐਸੀ ਥਾਂ ਬਖ਼ਸ਼ੀ ਹੈ ਜੋ ਕਦੇ ਡੋਲਦੀ ਹੀ ਨਹੀਂ।

5568	136	ਸੰਸਾਰ ਸਾਗਰ ਤੇ ਰਖਿਅਨੁ ਬਹੁੜਿ ਨ ਜਨਮੈ ਧਾਇ॥	(ਧਾਇ) ਭਟਕਦੇ	Sansaar Saagar Thae Rakhian Bahurr N Janamai Dhhaae ||	He rescues us from the world-ocean; never again do we have to run the cycle of reincarnation.	ਪ੍ਰਭੂ ਨੇ ਸੰਸਾਰ-ਸਮੁੰਦਰ ਤੋਂ ਉਹਨਾਂ ਨੂੰ (ਹੱਥ ਦੇ ਕੇ) ਰੱਖ ਲਿਆ ਹੈ, ਜਨਮਾਂ ਦੇ ਗੇੜ ਵਿਚ ਮੁੜ ਉਹਨਾਂ ਦੀ ਦੌੜ ਭੱਜ ਨਹੀਂ ਹੁੰਦੀ।
5569	136	ਜਿਹਵਾ ਏਕ ਅਨੇਕ ਗੁਣ ਤਰੇ ਨਾਨਕ ਚਰਣੀ ਪਾਇ॥		Jihavaa Eaek Anaek Gun Tharae Naanak Charanee Paae ||	I have only one tongue, but Your Glorious Virtues are beyond counting. Nanak is saved, falling at Your Feet.	ਹੇ ਨਾਨਕ! (ਆਖ-) ਸਾਡੀ ਇਕ ਜੀਭ ਹੈ, ਪ੍ਰਭੂ ਦੇ ਅਨੇਕਾਂ ਹੀ ਗੁਣ ਹਨ (ਅਸੀਂ ਉਹਨਾਂ ਨੂੰ ਬਿਆਨ ਕਰਨ ਜੋਗੇ ਨਹੀਂ ਹਾਂ, ਪਰ) ਜੇਹੜੇ ਜੀਵ ਉਸ ਦੀ ਚਰਨੀਂ ਪੈਂਦੇ ਹਨ (ਉਸ ਦਾ ਆਸਰਾ ਤੱਕਦੇ ਹਨ) ਉਹ (ਸੰਸਾਰ-ਸਮੁੰਦਰ ਤੋਂ) ਤਰ ਜਾਂਦੇ ਹਨ।
5570	136	ਫਲਗੁਣਿ ਨਿਤ ਸਲਾਹੀਐ ਜਿਸ ਨੋ ਤਿਲੁ ਨ ਤਮਾਇ॥੧੩॥	(ਤਿਲੁ) ਤਿਲ ਮਾਤ੍ਰ ਥੋੜੀ ਭੀ। (ਤਮਾਇ) ਲਾਲਚ, ਇੱਛਾ	Falagun Nith Salaaheeai Jis No Thil N Thamaae ||13||	In Phalgun, praise Him continually; He has not even an iota of greed. ||13||	ਫੱਗਣ ਦੇ ਮਹੀਨੇ ਵਿਚ (ਹੋਲੀਆਂ ਆਦਿਕ ਵਿਚੋਂ ਅਨੰਦ ਲੱਭਣ ਦੇ ਥਾਂ) ਸਦਾ ਉਸ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ, ਜਿਸ ਨੂੰ (ਆਪਣੀ ਵਡਿਆਈ ਕਰਾਣ ਦਾ) ਰਤਾ ਭਰ ਭੀ ਲਾਲਚ ਨਹੀਂ ਹੈ (ਇਸ ਵਿਚ ਸਾਡਾ ਹੀ ਭਲਾ ਹੈ) ॥੧੩॥
5571	136	ਜਿਨਿ ਜਿਨਿ ਨਾਮੁ ਧਿਆਇਆ ਤਿਨ ਕੇ ਕਾਜ ਸਰੇ॥	(ਸਰੇ) ਪੂਰਨ ਸਫਲ ਹੋਏ	Jin Jin Naam Dhhiaaeiaa Thin Kae Kaaj Sarae ||	Those who meditate on the Naam, the Name of the Lord- their affairs are all resolved.	ਜਿਸ ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਜਪਿਆ ਹੈ, ਉਹਨਾਂ ਦੇ ਸਾਰੇ ਕਾਰਜ ਸਫਲ ਹੋ ਜਾਂਦੇ ਹਨ।

5572	136	ਹਰਿ ਗੁਰੁ ਪੂਰਾ ਆਰਾਧਿਆ ਦਰਗਹ ਸਚਿ ਖਰੇ॥	(ਆਰਾਧਿਆ) ਜਪਿਆ ਧਿਆਇਆ ਜਪਾਇਆ। (ਖਰੇ) ਉੱਤਮ	Har Gur Pooraa Aaraadhhiaa Dharageh Sach Kharae ||	Those who meditate on the Perfect Guru, the Lord-Incarnate- they are judged true in the Court of the Lord.	ਜਿਨ੍ਹਾਂ ਨੇ ਪ੍ਰਭੂ ਨੂੰ ਪੂਰੇ ਗੁਰੂ ਨੂੰ ਆਰਾਧਿਆ ਹੈ, ਉਹ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਹਜ਼ੂਰੀ ਵਿਚ ਸੁਰਖ਼ਰੂ ਹੁੰਦੇ ਹਨ।
5573	136	ਸਰਬ ਸੁਖਾ ਨਿਧਿ ਚਰਣ ਹਰਿ ਭਉਜਲੁ ਬਿਖਮੁ ਤਰੇ॥	(ਨਿਧਿ) ਖਜ਼ਾਨਾ। ਔਗੁਣਾਂ ਵਿਕਾਰਾਂ ਸਹਿਤ (ਬਿਖਮੁ) ਕਠਿਨ (ਭਉਜਲੁ) ਸੰਸਾਰ ਸਮੁੰਦਰ	Sarab Sukhaa Nidhh Charan Har Bhoujal Bikham Tharae ||	The Lord's Feet are the Treasure of all peace and comfort for them; they cross over the terrifying and treacherous world-ocean.	ਪ੍ਰਭੂ ਦੇ ਚਰਨ ਹੀ ਸਾਰੇ ਸੁੱਖਾਂ ਦਾ ਖ਼ਜ਼ਾਨਾ ਹਨ, (ਜਿਹੜੇ ਜੀਵ ਚਰਨੀਂ ਲੱਗਦੇ ਹਨ, ਉਹ) ਔਖੇ ਸੰਸਾਰ-ਸਮੁੰਦਰ ਵਿਚੋਂ (ਸਹੀ-ਸਲਾਮਤ) ਪਾਰ ਲੰਘ ਜਾਂਦੇ ਹਨ।
5574	136	ਪ੍ਰੇਮ ਭਗਤਿ ਤਿਨ ਪਾਈਆ ਬਿਖਿਆ ਨਾਹਿ ਜਰੇ॥	(ਬਿਖਿਆ) ਜ਼ਹਿਰ ਮਾਇਆ ਵਿਸ਼ਿਆਂ ਚ ਲੱਗ ਕੇ ਨਹੀਂ (ਜਰੇ) ਸੜੇ	Praem Bhagath Thin Paaeeaa Bikhiaa Naahi Jarae ||	They obtain love and devotion, and they do not burn in corruption.	ਉਹਨਾਂ ਨੂੰ ਪ੍ਰਭੂ ਦਾ ਪਿਆਰ ਪ੍ਰਭੂ ਦੀ ਭਗਤੀ ਪ੍ਰਾਪਤ ਹੁੰਦੀ ਹੈ, ਮਾਇਆ ਦੀ ਤ੍ਰਿਸ਼ਨਾ-ਅੱਗ ਵਿਚ ਉਹ ਨਹੀਂ ਸੜਦੇ।
5575	136	ਕੂੜ ਗਏ ਦੁਬਿਧਾ ਨਸੀ ਪੂਰਨ ਸਚਿ ਭਰੇ॥	ਕਦੇ ਸਾਈਂ ਵੱਲ ਕਦੇ ਮਾਇਆ ਵੱਲ (ਦੁਬਿਧਾ) ਦ੍ਵੈਤ ਭਾਵ। ਨੱਸੀ	Koorr Geae Dhubidhhaa Nasee Pooran Sach Bharae ||	Falsehood has vanished, duality has been erased, and they are totally overflowing with Truth.	ਉਹਨਾਂ ਦੇ ਵਿਅਰਥ ਝੂਠੇ ਲਾਲਚ ਖ਼ਤਮ ਹੋ ਜਾਂਦੇ ਹਨ, ਉਹਨਾਂ ਦੇ ਮਨ ਦੀ ਭਟਕਣਾ ਦੂਰ ਹੋ ਜਾਂਦੀ ਹੈ, ਉਹ ਮੁਕੰਮਲ ਤੌਰ ਤੇ ਸਦਾ-ਥਿਰ ਹਰੀ ਵਿਚ ਟਿਕੇ ਰਹਿੰਦੇ ਹਨ।

5576	136	ਪਾਰਬ੍ਰਹਮੁ ਪ੍ਰਭੁ ਸੇਵਦੇ ਮਨ ਅੰਦਰਿ ਏਕੁ ਧਰੇ॥	(ਧਰੇ) ਟਿਕਾਅ ਕੇ	Paarabreham Prabh Saevadhae Man Andhar Eaek Dhharae ||	They serve the Supreme Lord God, and enshrine the One Lord within their minds.	ਉਹ ਆਪਣੇ ਮਨ ਵਿਚ ਇਕੋ ਪਰਮ ਜੋਤਿ ਪਰਮਾਤਮਾ ਨੂੰ ਵਸਾ ਕੇ ਸਦਾ ਉਸ ਨੂੰ ਸਿਮਰਦੇ ਹਨ।
5577	136	ਮਾਹ ਦਿਵਸ ਮੂਰਤ ਭਲੇ ਜਿਸ ਕਉ ਨਦਰਿ ਕਰੇ॥	(ਮੂਰਤ) ਮਹੂਰਤ, ਦੋ ਘੜੀਆਂ ਦਾ ਸਮਾ	Maah Dhivas Moorath Bhalae Jis Ko Nadhar Karae ||	The months, the days, and the moments are auspicious, for those upon whom the Lord casts His Glance of Grace.	ਜਿਨ੍ਹਾਂ ਉੱਤੇ ਪ੍ਰਭੂ ਮਿਹਰ ਦੀ ਨਜ਼ਰ ਕਰਦਾ ਹੈ (ਆਪਣੇ ਨਾਮ ਦੀ ਦਾਤ ਦੇਂਦਾ ਹੈ) ਉਹਨਾਂ ਵਾਸਤੇ ਸਾਰੇ ਮਹੀਨੇ ਸਾਰੇ ਦਿਹਾੜੇ ਸਾਰੇ ਹੀ ਮੁਹੂਰਤ ਸੁਲੱਖਣੇ ਹਨ (ਸੰਗ੍ਰਾਂਦ ਆਦਿਕ ਦੀ ਪਵਿਤ੍ਰਤਾ ਦੇ ਭਰਮ-ਭੁਲੇਖੇ ਉਹਨਾਂ ਨੂੰ ਨਹੀਂ ਪੈਂਦੇ)।
5578	136	ਨਾਨਕੁ ਮੰਗੈ ਦਰਸ ਦਾਨੁ ਕਿਰਪਾ ਕਰਹੁ ਹਰੇ॥੧੪॥੧॥		Naanak Mangai Dharas Dhaan Kirapaa Karahu Harae ||14||1||	Nanak begs for the blessing of Your Vision, O Lord. Please, shower Your Mercy upon me! ||14||1||	ਹੇ ਹਰੀ! (ਮੇਰੇ ਉੱਤੇ) ਮਿਹਰ ਕਰ, ਮੈਂ ਨਾਨਕ (ਤੇਰੇ ਦਰ ਤੋਂ ਤੇਰੇ) ਦੀਦਾਰ ਦੀ ਦਾਤ ਮੰਗਦਾ ਹਾਂ ॥੧੪॥
5579	136	ਮਾਝ ਮਹਲਾ ੫ ਦਿਨ ਰੈਣਿ		Maajh Mehalaa 5 Dhin Raini	Maajh, Fifth Mehl: Day And Night:	
5580	136	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	

5581	136	ਸੇਵੀ ਸਤਿਗੁਰੁ ਆਪਣਾ ਹਰਿ ਸਿਮਰੀ ਦਿਨ ਸਭਿ ਰੈਣ॥		Saevee Sathigur Aapanaa Har Simaree Dhin Sabh Rain ||	I serve my True Guru, and meditate on Him all day and night.	(ਹੇ ਭੈਣ! ਪ੍ਰਭੂ ਮਿਹਰ ਕਰੇ) ਮੈਂ ਆਪਣੇ ਗੁਰੂ ਦੀ ਸਰਨ ਪਵਾਂ, ਤੇ ਮੈਂ ਆਪਣੀ ਜ਼ਿੰਦਗੀ ਦੇ ਸਾਰੇ ਦਿਨ ਤੇ ਸਾਰੀਆਂ ਰਾਤਾਂ ਪਰਮਾਤਮਾ ਦਾ ਸਿਮਰਨ ਕਰਦੀ ਰਹਾਂ।
5582	136	ਆਪੁ ਤਿਆਗਿ ਸਰਣੀ ਪਵਾਂ ਮੁਖਿ ਬੋਲੀ ਮਿਠੜੇ ਵੈਣ॥	(ਵੈਣ) ਬਚਨ	Aap Thiaag Saranee Pavaan Mukh Bolee Mitharrae Vain ||	Renouncing selfishness and conceit, I seek His Sanctuary, and speak sweet words to Him.	ਆਪਾ-ਭਾਵ ਤਿਆਗ ਕੇ (ਹਉਮੈ ਅਹੰਕਾਰ ਛੱਡ ਕੇ) ਮੈਂ ਗੁਰੂ ਦੀ ਸਰਨ ਪਵਾਂ ਤੇ ਮੂੰਹ ਨਾਲ (ਉਸ ਅੱਗੇ ਇਹ) ਮਿੱਠੇ ਬੋਲ ਬੋਲਾਂ,
5583	136	ਜਨਮ ਜਨਮ ਕਾ ਵਿਛੁੜਿਆ ਹਰਿ ਮੇਲਹੁ ਸਜਣੁ ਸੈਣ॥	(ਸੈਣ) ਸੁਆਮੀ, ਮਾਲਕ	Janam Janam Kaa Vishhurriaa Har Maelahu Sajan Sain ||	Through countless lifetimes and incarnations, I was separated from Him. O Lord, you are my Friend and Companion- please unite me with Yourself.	(ਕਿ ਹੇ ਸਤਿਗੁਰੂ!) ਮੈਨੂੰ ਸੱਜਣ ਪ੍ਰਭੂ ਮਿਲਾ ਦੇਹ, ਮੇਰਾ ਮਨ ਕਈ ਜਨਮਾਂ ਦਾ ਉਸ ਤੋਂ ਵਿੱਛੁੜਿਆ ਹੋਇਆ ਹੈ।
5584	136	ਜੋ ਜੀਅ ਹਰਿ ਤੇ ਵਿਛੁੜੇ ਸੇ ਸੁਖਿ ਨ ਵਸਨਿ ਭੈਣ॥	ਚੌਰਾਸੀ ਦੇ ਗੇੜੇ ਚ (ਭੈਣ) ਭਉਂਦੇ ਹਨ	Jo Jeea Har Thae Vishhurrae Sae Sukh N Vasan Bhain ||	Those who are separated from the Lord do not dwell in peace, O sister.	ਹੇ ਭੈਣ! ਜੇਹੜੇ ਜੀਵ ਪਰਮਾਤਮਾ ਤੋਂ ਵਿੱਛੁੜੇ ਰਹਿੰਦੇ ਹਨ ਉਹ ਸੁਖ ਨਾਲ ਨਹੀਂ ਵੱਸ ਸਕਦੇ।

5585	136	ਹਰਿ ਪਿਰ ਬਿਨੁ ਚੈਨੁ ਨ ਪਾਈਐ ਖੋਜਿ ਡਿਠੇ ਸਭਿ ਗੈਣ॥	(ਗੈਣ) ਅਕਾਸ਼ ਮੰਡਲ	Har Pir Bin Chain N Paaeeai Khoj Ddithae Sabh Gain ||	Without their Husband Lord, they find no comfort. I have searched and seen all realms.	ਮੈਂ ਸਾਰੇ (ਧਰਤੀ) ਆਕਾਸ਼ ਖੋਜ ਕੇ ਵੇਖ ਲਿਆ ਹੈ ਕਿ ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ ਆਤਮਕ ਸੁਖ ਨਹੀਂ ਮਿਲ ਸਕਦਾ।
5586	136	ਆਪ ਕਮਾਣੈ ਵਿਛੁੜੀ ਦੋਸੁ ਨ ਕਾਹੂ ਦੇਣ॥	(ਕਮਾਣੈ) ਕਰਮਾਂ ਕਰਕੇ	Aap Kamaanai Vishhurree Dhos N Kaahoo Dhaen ||	My own evil actions have kept me separate from Him; why should I accuse anyone else?	(ਹੇ ਭੈਣ!) ਮੈਂ ਆਪਣੇ ਕੀਤੇ ਕਰਮਾਂ ਅਨੁਸਾਰ (ਪ੍ਰਭੂ-ਪਤੀ ਤੋਂ) ਵਿੱਛੁੜੀ ਹੋਈ ਹਾਂ (ਇਸ ਬਾਰੇ) ਮੈਂ ਕਿਸੇ ਹੋਰ ਨੂੰ ਦੋਸ਼ ਨਹੀਂ ਦੇ ਸਕਦੀ।
5587	136	ਕਰਿ ਕਿਰਪਾ ਪ੍ਰਭ ਰਾਖਿ ਲੇਹੁ ਹੋਰੁ ਨਾਹੀ ਕਰਣ ਕਰੇਣ॥	(ਕਰਣ ਕਰੇਣ) ਕਰਨ ਕਰਾਉਣ ਯੋਗ	Kar Kirapaa Prabh Raakh Laehu Hor Naahee Karan Karaen ||	Bestow Your Mercy, God, and save me! No one else can bestow Your Mercy.	ਹੇ ਪ੍ਰਭੂ! ਮਿਹਰ ਕਰ, ਮੇਰੀ ਰੱਖਿਆ ਕਰ, ਤੈਥੋਂ ਬਿਨਾ ਹੋਰ ਕੋਈ ਕੁਝ ਕਰਨ ਕਰਾਵਨ ਦੀ ਸਮਰੱਥਾ ਨਹੀਂ ਰੱਖਦਾ।
5588	136	ਹਰਿ ਤੁਧੁ ਵਿਣੁ ਖਾਕੂ ਰੂਲਣਾ ਕਹੀਐ ਕਿਥੈ ਵੈਣ॥	(ਖਾਕੂ) ਮਿੱਟੀ ਚ। (ਵੈਣ) ਕੀਰਨੇ, ਵਿਰਲਾਪ	Har Thudhh Vin Khaakoo Roolanaa Keheeai Kithhai Vain ||	Without You, Lord, we roll around in the dust. Unto whom should we utter our cries of distress?	ਹੇ ਹਰੀ! ਤੇਰੇ ਮਿਲਾਪ ਤੋਂ ਬਿਨਾ ਮਿੱਟੀ ਵਿਚ ਰੁਲ ਜਾਈਦਾ ਹੈ। (ਇਸ ਦੁੱਖ ਦੇ) ਕੀਰਨੇ ਹੋਰ ਕਿਸ ਨੂੰ ਦੱਸੀਏ?
5589	136	ਨਾਨਕ ਕੀ ਬੇਨੰਤੀਆ ਹਰਿ ਸੁਰਜਨੁ ਦੇਖਾ ਨੈਣ॥੧॥	ਸੰਤ ਭਗਤ ਮਹਾਂਪੁਰਸ਼ (ਸੁਰਜਨੁ) ਸ੍ਰੇਸ਼ਟ ਪੁਰਖ। (ਨੈਣ) ਨੇਤ੍ਰਾਂ ਨਾਲ	Naanak Kee Baenantheeaa Har Surajan Dhaekhaa Nain ||1||	This is Nanak's prayer: "May my eyes behold the Lord, the Angelic Being."||1||	(ਹੇ ਭੈਣ!) ਨਾਨਕ ਦੀ ਇਹ ਬੇਨਤੀ ਹੈ ਕਿ ਮੈਂ ਕਿਸੇ ਤਰ੍ਹਾਂ ਆਪਣੀ ਅੱਖੀਂ ਉਸ ਉੱਤਮ ਪੁਰਖ ਪਰਮਾਤਮਾ ਦਾ ਦਰਸਨ ਕਰਾਂ ॥੧॥

5590	136	ਜੀਅ ਕੀ ਬਿਰਥਾ ਸੋ ਸੁਣੇ ਹਰਿ ਸੰਮ੍ਰਿਥ ਪੁਰਖੁ ਅਪਾਰੁ॥	(ਬਿਰਥਾ) ਪੀੜਾ। ਸਭ ਕੁਝ ਕਰਨ ਨੂੰ (ਸੰਮ-ਰ੍ਿਥ) ਸਮਰਥ	Jeea Kee Birathhaa So Sunae Har Sanmrithh Purakh Apaar ||	The Lord hears the anguish of the soul; He is the All-powerful and Infinite Primal Being.	ਪਰਮਾਤਮਾ ਸਭ ਤਾਕਤਾਂ ਦਾ ਮਾਲਕ ਹੈ, ਸਭ ਵਿਚ ਵਿਆਪਕ ਹੈ ਤੇ ਬੇਅੰਤ ਹੈ, ਉਹੀ ਜਿੰਦ ਦਾ ਦੁਖ-ਦਰਦ ਸੁਣਦਾ ਹੈ।
5591	136	ਮਰਣਿ ਜੀਵਣਿ ਆਰਾਧਣਾ ਸਭਨਾ ਕਾ ਆਧਾਰੁ॥	(ਆਰਾਧਣਾ) ਸਿਮਰਨਾ	Maran Jeevan Aaraadhhanaa Sabhanaa Kaa Aadhhaar ||	In death and in life, worship and adore the Lord, the Support of all.	ਸਾਰੀ ਹੀ ਉਮਰ ਉਸਦਾ ਆਰਾਧਨ ਕਰਨਾ ਚਾਹੀਦਾ ਹੈ, ਉਹ ਸਭ ਜੀਵਾਂ ਦਾ ਆਸਰਾ-ਪਰਨਾ ਹੈ।
5592	137	ਸਸੁਰੈ ਪੇਈਐ ਤਿਸੁ ਕੰਤ ਕੀ ਵਡਾ ਜਿਸੁ ਪਰਵਾਰੁ॥		Sasurai Paeeeai This Kanth Kee Vaddaa Jis Paravaar ||	In this world and in the next, the soul-bride belongs to her Husband Lord, who has such a vast family.	(ਸ੍ਰਿਸ਼ਟੀ ਦੇ ਬੇਅੰਤ ਹੀ ਜੀਵ) ਜਿਸ ਪ੍ਰਭੂ-ਪਤੀ ਦਾ (ਬੇਅੰਤ) ਵੱਡਾ ਪਰਵਾਰ ਹੈ, ਜੀਵ-ਇਸਤ੍ਰੀ ਲੋਕ ਪਰਲੋਕ ਵਿਚ ਉਸੇ ਦੇ ਆਸਰੇ ਹੀ ਰਹਿ ਸਕਦੀ ਹੈ।
5593	137	ਊਚਾ ਅਗਮ ਅਗਾਧਿ ਬੋਧ ਕਿਛੁ ਅੰਤੁ ਨ ਪਾਰਾਵਾਰੁ॥	(ਬੋਧ) ਗਿਆਨ	Oochaa Agam Agaadhh Bodhh Kishh Anth N Paaraavaar ||	He is Lofty and Inaccessible. His Wisdom is Unfathomable.	ਉਹ ਪਰਮਾਤਮਾ (ਆਤਮਾ ਉਡਾਰੀਆਂ ਵਿਚ ਸਭ ਤੋਂ) ਉੱਚਾ ਹੈ, ਅਪਹੁੰਚ ਹੈ, ਅਥਾਹ ਗਿਆਨ ਦਾ ਮਾਲਕ ਹੈ, ਉਸ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ।

5594	137	ਸੇਵਾ ਸਾ ਤਿਸੁ ਭਾਵਸੀ ਸੰਤਾ ਕੀ ਹੋਇ ਛਾਰੁ॥	(ਛਾਰੁ) ਚਰਨ ਧੂੜ	Saevaa Saa This Bhaavasee Santhaa Kee Hoe Shhaar ||	He has no end or limitation. That service is pleasing to Him, which makes one humble, like the dust of the feet of the Saints.	ਉਹੀ ਸੇਵਾ ਉਸ ਪ੍ਰਭੂ ਨੂੰ ਪਸੰਦ ਆਉਂਦੀ ਹੈ, ਜੇਹੜੀ ਉਸਦੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣ ਕੇ ਕੀਤੀ ਜਾਏ।
5595	137	ਦੀਨਾ ਨਾਥ ਦੈਆਲ ਦੇਵ ਪਤਿਤ ਉਧਾਰਣਹਾਰੁ॥	ਉਧਾਰਣ-ਹਾਰੁ	Dheenaa Naathh Dhaiaal Dhaev Pathith Oudhhaaranehaar ||	He is the Patron of the poor, the Merciful, Luminous Lord, the Redeemer of sinners.	ਉਹ ਗਰੀਬਾਂ ਦਾ ਖਸਮ-ਸਹਾਰਾ ਹੈ, ਉਹ ਵਿਕਾਰਾਂ ਵਿਚ ਡਿੱਗੇ ਜੀਵਾਂ ਨੂੰ ਬਚਾਣ ਵਾਲਾ ਹੈ।
5596	137	ਆਦਿ ਜੁਗਾਦੀ ਰਖਦਾ ਸਚੁ ਨਾਮੁ ਕਰਤਾਰੁ॥		Aadh Jugaadhee Rakhadhaa Sach Naam Karathaar ||	From the very beginning, and throughout the ages, the True Name of the Creator has been our Saving Grace.	ਉਹ ਕਰਤਾਰ ਸ਼ੁਰੂ ਤੋਂ ਹੀ (ਜੀਵਾਂ) ਦੀ ਰੱਖਿਆ ਕਰਦਾ ਆ ਰਿਹਾ ਹੈ, ਉਸ ਦਾ ਨਾਮ ਸਦਾ ਕਾਇਮ ਰਹਿਣ ਵਾਲਾ ਹੈ।
5597	137	ਕੀਮਤਿ ਕੋਇ ਨ ਜਾਣਈ ਕੋ ਨਾਹੀ ਤੋਲਣਹਾਰੁ॥		Keemath Koe N Jaanee Ko Naahee Tholanehaar ||	No one can know His Value; no one can weigh it.	ਕੋਈ ਜੀਵ ਉਸ ਦਾ ਮੁੱਲ ਨਹੀਂ ਪਾ ਸਕਦਾ, ਕੋਈ ਜੀਵ ਉਸਦੀ ਹਸਤੀ ਦਾ ਅੰਦਾਜ਼ਾ ਨਹੀਂ ਲਾ ਸਕਦਾ।
5598	137	ਮਨ ਤਨ ਅੰਤਰਿ ਵਸਿ ਰਹੇ ਨਾਨਕ ਨਹੀ ਸੁਮਾਰੁ॥	(ਸੁਮਾਰੁ) ਗਿਣਤੀ। ਵਸਿ: ਪੋਲਾ ਬੋਲੋ	Man Than Anthar Vas Rehae Naanak Nehee Sumaar ||	He dwells deep within the mind and body. O Nanak, He cannot be measured.	ਹੇ ਨਾਨਕ! ਉਹ ਪ੍ਰਭੂ ਜੀ ਹਰੇਕ ਜੀਵ ਦੇ ਮਨ ਵਿਚ ਤਨ ਵਿਚ ਮੌਜੂਦ ਹਨ। ਉਸ ਪ੍ਰਭੂ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ।

5599	137	ਦਿਨੁ ਰੈਣਿ ਜਿ ਪ੍ਰਭ ਕੰਉ ਸੇਵਦੇ ਤਿਨ ਕੈ ਸਦ ਬਲਿਹਾਰ॥੨॥		Dhin Rain J Prabh Kano Saevadhae Thin Kai Sadh Balihaar ||2||	I am forever a sacrifice to those who serve God, day and night. ||2||	ਮੈਂ ਉਹਨਾਂ ਬੰਦਿਆਂ ਤੋਂ ਸਦਾ ਕੁਰਬਾਨ ਜਾਂਦਾ ਹਾਂ, ਜੇਹੜੇ ਦਿਨ ਰਾਤ ਪ੍ਰਭੂ ਦਾ ਸਿਮਰਨ ਕਰਦੇ ਰਹਿੰਦੇ ਹਨ ॥੨॥
5600	137	ਸੰਤ ਅਰਾਧਨਿ ਸਦ ਸਦਾ ਸਭਨਾ ਕਾ ਬਖਸਿੰਦੁ॥	ਬਖ-ਸਿੰਦੁ	Santh Araadhhan Sadh Sadhaa Sabhanaa Kaa Bakhasindh ||	The Saints worship and adore Him forever and ever; He is the Forgiver of all.	ਜੋ ਸਭ ਜੀਵਾਂ ਉੱਤੇ ਬਖ਼ਸ਼ਸ਼ਾਂ ਕਰਨ ਵਾਲਾ ਹੈ, ਜਿਸ ਨੂੰ ਸੰਤ ਜਨ ਸਦਾ ਹੀ ਆਰਾਧਦੇ ਹਨ,
5601	137	ਜੀਉ ਪਿੰਡੁ ਜਿਨਿ ਸਾਜਿਆ ਕਰਿ ਕਿਰਪਾ ਦਿਤੀਅਨੁ ਜਿੰਦੁ॥	ਦਿਤੀ-ਅਨੁ (ਪਾਠੰਤ੍ਰ ਦਿਤੀਨੁ)	Jeeo Pindd Jin Saajiaa Kar Kirapaa Dhitheen Jindh ||	He fashioned the soul and the body, and by His Kindness, He bestowed the soul.	ਜਿਸ (ਪਰਮਾਤਮਾ) ਨੇ (ਸਭ ਜੀਵਾਂ ਦੀ) ਜਿੰਦ ਸਾਜੀ ਹੈ (ਸਭ ਦਾ) ਸਰੀਰ ਪੈਦਾ ਕੀਤਾ ਹੈ, ਮਿਹਰ ਕਰ ਕੇ (ਸਭ ਨੂੰ) ਜਿੰਦ ਦਿੱਤੀ ਹੈ,
5602	137	ਗੁਰ ਸਬਦੀ ਆਰਾਧੀਐ ਜਪੀਐ ਨਿਰਮਲ ਮੰਤੁ॥		Gur Sabadhee Aaraadhheeai Japeeai Niramal Manth ||	Through the Word of the Guru's Shabad, worship and adore Him, and chant His Pure Mantra.	ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦਾ ਸਿਮਰਨ ਕਰਨਾ ਚਾਹੀਦਾ ਹੈ ਉਸ ਦਾ ਪਵਿਤ੍ਰ ਜਾਪ ਜਪਣਾ ਚਾਹੀਦਾ ਹੈ।
5603	137	ਕੀਮਤਿ ਕਹਣੁ ਨ ਜਾਈਐ ਪਰਮੇਸੁਰੁ ਬੇਅੰਤੁ॥		Keemath Kehan N Jaaeeai Paramaesur Baeanth ||	His Value cannot be evaluated. The Transcendent Lord is endless.	ਉਹ ਪਰਮਾਤਮਾ ਸਭ ਤੋਂ ਵਡਾ ਮਾਲਕ (ਈਸ਼ਰ) ਹੈ, ਉਸ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਉਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ।

5604	137	ਜਿਸੁ ਮਨਿ ਵਸੈ ਨਰਾਇਣੋ ਸੋ ਕਹੀਐ ਭਗਵੰਤੁ॥	(ਭਗਵੰਤੁ) ਭਾਗਾਂ ਵਾਲਾ	Jis Man Vasai Naraaeino So Keheeai Bhagavanth ||	That one, within whose mind the Lord abides, is said to be most fortunate.	ਜਿਸ ਨੇ ਮਨ ਵਿੱਚ ਪਰਮਾਤਮਾ ਵੱਸ ਜਾਵੇ, ਉਹ (ਮਨੁੱਖ) ਭਾਗਾਂ ਵਾਲਾ ਆਖਿਆ ਜਾਂਦਾ ਹੈ।
5605	137	ਜੀਅ ਕੀ ਲੋਚਾ ਪੂਰੀਐ ਮਿਲੈ ਸੁਆਮੀ ਕੰਤੁ॥	(ਲੋਚਾ) ਇੱਛਾ	Jeea Kee Lochaa Pooreeai Milai Suaamee Kanth ||	The soul's desires are fulfilled, upon meeting the Master, our Husband Lord.	ਜੇ ਉਹ ਪਤੀ ਪਰਮਾਤਮਾ ਮਿਲ ਜਾਵੇ ਤਾਂ ਜਿੰਦ ਦੀ ਤਾਂਘ ਪੂਰੀ ਹੋ ਜਾਂਦੀ ਹੈ।
5606	137	ਨਾਨਕੁ ਜੀਵੈ ਜਪਿ ਹਰੀ ਦੋਖ ਸਭੇ ਹੀ ਹੰਤੁ॥	(ਹੰਤੁ) ਨਾਸ	Naanak Jeevai Jap Haree Dhokh Sabhae Hee Hanth ||	Nanak lives by chanting the Lord's Name; all sorrows have been erased.	ਨਾਨਕ ਉਹ ਹਰੀ ਦਾ ਨਾਮ ਜਪ ਕੇ ਜਿਉਂਦਾ ਹੈ, ਜਿਸ ਦਾ (ਨਾਮ ਜਪਿਆਂ) ਸਾਰੇ ਹੀ ਪਾਪ ਨਾਸ ਹੋ ਜਾਂਦੇ ਹਨ।
5607	137	ਦਿਨੁ ਰੈਣਿ ਜਿਸੁ ਨ ਵਿਸਰੈ ਸੋ ਹਰਿਆ ਹੋਵੈ ਜੰਤੁ॥੩॥		Dhin Rain Jis N Visarai So Hariaa Hovai Janth ||3||	One who does not forget Him, day and night, is continually rejuvenated. ||3||	ਜਿਸ ਮਨੁੱਖ ਨੂੰ ਨਾਹ ਦਿਨੇ ਨਾਹ ਰਾਤ ਕਿਸੇ ਵੇਲੇ ਭੀ ਪਰਮਾਤਮਾ ਨਹੀਂ ਭੁਲਦਾ ਉਸ ਦੇ ਸਾਰੇ ਪਾਪ ਨਾਸ ਹੋ ਜਾਂਦੇ ਹਨ, ਉਹ ਮਨੁੱਖ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ (ਜਿਵੇਂ ਪਾਣੀ ਖੁਣੋਂ ਸੁੱਕ ਰਿਹਾ ਰੁੱਖ ਪਾਣੀ ਨਾਲ ਹਰਾ ਹੋ ਜਾਂਦਾ ਹੈ) ॥੩॥
5608	137	ਸਰਬ ਕਲਾ ਪ੍ਰਭ ਪੂਰਣੋ ਮੰਞੁ ਨਿਮਾਣੀ ਥਾਉ॥	(ਮੰਞੁ) ਮੇਰੇ	Sarab Kalaa Prabh Poorano Mannj Nimaanee Thhaao ||	God is overflowing with all powers. I have no honor-He is my resting place.	ਹੇ ਪ੍ਰਭੂ! ਤੂੰ ਸਾਰੀਆਂ ਸ਼ਕਤੀਆਂ ਨਾਲ ਭਰਪੂਰ ਹੈਂ, ਮੈਂ ਨਿਮਾਣੀ ਦਾ ਤੂੰ ਆਸਰਾ ਹੈਂ।

5609	137	ਹਰਿ ਓਟ ਗਹੀ ਮਨ ਅੰਦਰੇ ਜਪਿ ਜਪਿ ਜੀਵਾਂ ਨਾਉ॥	(ਪਾਠੰਤ੍ਰ: ਕਈ ਸਰੂਪਾਂ ਵਿੱਚ ਅਮਦਰੇ ਦੀ ਥਾਂ ਅਮਤਰੇ ਆਉਂਦਾ ਹੈ)	Har Outt Gehee Man Andharae Jap Jap Jeevaan Naao ||	I have grasped the Support of the Lord within my mind; I live by chanting and meditating on His Name.	ਹੇ ਹਰੀ! ਮੈਂ ਆਪਣੇ ਮਨ ਵਿਚ ਤੇਰੀ ਓਟ ਲਈ ਹੈ, ਤੇਰਾ ਨਾਮ ਜਪ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ।
5610	137	ਕਰਿ ਕਿਰਪਾ ਪ੍ਰਭ ਆਪਣੀ ਜਨ ਧੂੜੀ ਸੰਗਿ ਸਮਾਉ॥		Kar Kirapaa Prabh Aapanee Jan Dhhoorree Sang Samaao ||	Grant Your Grace, God, and bless me, that I may merge into the dust of the feet of the humble.	ਹੇ ਪ੍ਰਭੂ! ਆਪਣੀ ਮਿਹਰ ਕਰ ਮੈਂ ਤੇਰੇ ਸੰਤ ਜਨਾਂ ਦੀ ਚਰਨ-ਧੂੜ ਵਿਚ ਸਮਾਇਆ ਰਹਾਂ।
5611	137	ਜਿਉ ਤੂੰ ਰਾਖਹਿ ਤਿਉ ਰਹਾ ਤੇਰਾ ਦਿਤਾ ਪੈਨਾ ਖਾਉ॥	ਪੈਨ੍ਹਾ	Jio Thoon Raakhehi Thio Rehaa Thaeraa Dhithaa Painaa Khaao ||	As You keep me, so do I live. I wear and eat whatever You give me.	ਜਿਸ ਹਾਲ ਵਿਚ ਤੂੰ ਮੈਨੂੰ ਰੱਖਦਾ ਹੈਂ ਮੈਂ (ਖ਼ੁਸ਼ੀ ਨਾਲ) ਉਸੇ ਹਾਲ ਵਿਚ ਰਹਿੰਦਾ ਹਾਂ, ਜੋ ਕੁਝ ਤੂੰ ਮੈਨੂੰ ਦੇਂਦਾ ਹੈਂ ਉਹੀ ਮੈਂ ਪਹਿਨਦਾ ਹਾਂ ਉਹੀ ਮੈਂ ਖਾਂਦਾ ਹਾਂ।
5612	137	ਉਦਮੁ ਸੋਈ ਕਰਾਇ ਪ੍ਰਭ ਮਿਲਿ ਸਾਧੂ ਗੁਣ ਗਾਉ॥		Oudham Soee Karaae Prabh Mil Saadhhoo Gun Gaao ||	May I make the effort, O God, to sing Your Glorious Praises in the Company of the Holy.	ਹੇ ਪ੍ਰਭੂ! ਮੇਰੇ ਪਾਸੋਂ ਉਹੀ ਉੱਦਮ ਕਰਾ (ਜਿਸ ਦੀ ਬਰਕਤਿ ਨਾਲ) ਮੈਂ ਗੁਰੂ ਨੂੰ ਮਿਲ ਕੇ ਤੇਰੇ ਗੁਣ ਗਾਂਦਾ ਰਹਾਂ।
5613	137	ਦੂਜੀ ਜਾਇ ਨ ਸੁਝਈ ਕਿਥੈ ਕੂਕਣ ਜਾਉ॥	(ਜਾਇ) ਥਾਂ। (ਕੂਕਣ) ਪੁਕਾਰਨ	Dhoojee Jaae N Sujhee Kithhai Kookan Jaao ||	I can conceive of no other place; where could I go to lodge a complaint?	(ਤੈਥੋਂ ਬਿਨਾ) ਮੈਨੂੰ ਹੋਰ ਕੋਈ ਥਾਂ ਨਹੀਂ ਸੁੱਝਦੀ। ਤੈਥੋਂ ਬਿਨਾ ਮੈਂ ਹੋਰ ਕਿਸ ਦੇ ਅੱਗੇ ਫਰਿਆਦ ਕਰਾਂ?

5614	137	ਅਗਿਆਨ ਬਿਨਾਸਨ ਤਮ ਹਰਣ ਊਚੇ ਅਗਮ ਅਮਾਉ॥	(ਤਮ) ਹਨੇਰਾ ਵਾ ਤਮੁ ਗੁਣ (ਹਰਣ) ਨਾਸ ਕਰਨ ਵਾਲੇ। (ਅਮਾਉ) ਮਿਣਤੀ ਰਹਿਤ	Agiaan Binaasan Tham Haran Oochae Agam Amaao ||	You are the Dispeller of ignorance, the Destroyer of darkness, O Lofty, Unfathomable and Unapproachable Lord.	ਹੇ ਅਗਿਆਨਤਾ ਦਾ ਨਾਸ ਕਰਨ ਵਾਲੇ ਹਰੀ! ਹੇ (ਮੋਹ ਦਾ) ਹਨੇਰਾ ਦੂਰ ਕਰਨ ਵਾਲੇ ਹਰੀ! ਹੇ (ਸਭ ਤੋਂ) ਉੱਚੇ! ਹੇ ਅਪਹੁੰਚ! ਹੇ ਅਮਿੱਤ ਹਰੀ!
5615	137	ਮਨੁ ਵਿਛੁੜਿਆ ਹਰਿ ਮੇਲੀਐ ਨਾਨਕ ਏਹੁ ਸੁਆਉ॥	(ਸੁਆਉ) ਸੁਆਰਥ, ਮਨੋਰਥ	Man Vishhurriaa Har Maeleeai Naanak Eaehu Suaao ||	Please unite this separated one with Yourself; this is Nanak's yearning.	ਨਾਨਕ ਦਾ ਇਹ ਮਨੋਰਥ ਹੈ ਕਿ (ਨਾਨਕ ਦੇ) ਵਿੱਛੁੜੇ ਹੋਏ ਮਨ ਨੂੰ (ਆਪਣੇ ਚਰਨਾਂ ਵਿਚ ਮਿਲਾ ਲੈ।
5616	137	ਸਰਬ ਕਲਿਆਣਾ ਤਿਤੁ ਦਿਨਿ ਹਰਿ ਪਰਸੀ ਗੁਰ ਕੇ ਪਾਉ॥੪॥੧॥		Sarab Kaliaanaa Thith Dhin Har Parasee Gur Kae Paao ||4||1||	That day shall bring every joy, O Lord, when I take to the Feet of the Guru. ||4||1||	ਹੇ ਹਰੀ! (ਮੈਨੂੰ ਨਾਨਕ ਨੂੰ) ਉਸ ਦਿਨ ਸਾਰੇ ਹੀ ਸੁਖ (ਪ੍ਰਾਪਤ ਹੋ ਜਾਂਦੇ ਹਨ) ਜਦੋਂ ਮੈਂ ਗੁਰੂ ਦੇ ਚਰਨ ਛੂੰਹਦਾ ਹਾਂ ॥੪॥੧॥
5617	137	ਵਾਰ ਮਾਝ ਕੀ ਤਥਾ ਸਲੋਕ ਮਹਲਾ ੧		Vaar Maajh Kee Thathhaa Salok Mehalaa 1	Vaar In Maajh, And Shaloks Of The First Mehl:	ਰਾਗ ਮਾਝ ਦੀ ਇਹ ਵਾਰ ਅਤੇ ਇਸ ਨਾਲ ਦਿੱਤੇ ਹੋਏ ਸਲੋਕ ਗੁਰੂ ਨਾਨਕ ਦੇਵ ਜੀ ਦੇ (ਉਚਾਰੇ ਹੋਏ) ਹਨ।

5618	137	ਮਲਕ ਮੁਰੀਦ ਤਥਾ ਚੰਦ੍ਰਹੜਾ ਸੋਹੀਆ ਕੀ ਧੁਨੀ ਗਾਵਣੀ॥	(ਮਲਕ) ਖ਼ਿਤਾਬ। ਸੋਹੀਆ ਜ਼ਾਤੀ। (ਧੁਨੀ) ਗਾਉਣ ਦਾ ਢੰਗ	Malak Mureedh Thathhaa Chandhreharraa Soheeaa Kee Dhhunee Gaavanee ||	To Be Sung To The Tune Of ""Malik Mureed And Chandrahraa Sohee-Aa""	ਗੁਰੂ ਅਰਜਨ ਸਾਹਿਬ ਨੇ ਉਪਰ ਲਿਖਿਆਂ ਸਿਰ-ਲੇਖ ਦੇ ਕੇ ਆਗਿਆ ਕੀਤੀ ਹੈ ਕਿ ਗੁਰੂ ਨਾਨਕ ਦੇਵ ਜੀ ਦੀ ਇਹ ਮਾਝ ਦੀ ਵਾਰ ਉਸ ਧੁਨੀ (ਸੁਰ) ਵਿਚ ਗਾਉਣੀ ਹੈ ਜਿਸ ਵਿਚ ਮੁਰੀਦ ਖਾਂ ਵਾਲੀ ਗਾਵੀਂ ਜਾਂਦੀ ਸੀ।
5619	137	੧ੴ ਸਤਿਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ॥		Ik Oankaar Sath Naam Karathaa Purakh Gur Prasaadh ||	One Universal Creator God. Truth Is The Name. Creative Being Personified. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
5620	137	ਸਲੋਕੁ ਮਃ ੧॥	ਮਃ ਗੋਲ ਬਿੰਦੀਆਂ ਵਸਰਗਾਂ ਨੂੰ, ਮਹੱਲਾ ਪੜ੍ਹਨਾ।	Salok Ma 1 ||	Shalok, First Mehl:	
5621	137	ਗੁਰੁ ਦਾਤਾ ਗੁਰੁ ਹਿਵੈ ਘਰੁ ਗੁਰੁ ਦੀਪਕੁ ਤਿਹ ਲੋਇ॥	(ਹਿਵੈ) ਠੰਢੇ ਸ਼ਾਂਤੀ ਦੇ ਘਰੁ। ਗੁਰੁ ਜੀ ਹੀ (ਦੀਪਕੁ) ਪ੍ਰਕਾਸ਼ ਕਰਨ ਵਾਲੇ ਤੇ (ਤਿਹ) ਤਿਸ ਦਾ ਪ੍ਰਕਾਸ਼ ਭੀ ਆਪ ਹੀ ਹਨ	Gur Dhaathaa Gur Hivai Ghar Gur Dheepak Thih Loe ||	The Guru is the Giver; the Guru is the House of ice. The Guru is the Light of the three worlds.	ਸਤਿਗੁਰੂ (ਨਾਮ ਦੀ ਦਾਤਿ) ਦੇਣ ਵਾਲਾ ਹੈ, ਗੁਰੂ ਠੰਡ ਦਾ ਸੋਮਾ ਹੈ, ਗੁਰੂ (ਹੀ) ਤ੍ਰਿਲੋਕੀ ਵਿਚ ਚਾਨਣ ਕਰਨ ਵਾਲਾ ਹੈ।
5622	137	ਅਮਰ ਪਦਾਰਥੁ ਨਾਨਕਾ ਮਨਿ ਮਾਨਿਐ ਸੁਖੁ ਹੋਇ॥੧॥		Amar Padhaarathh Naanakaa Man Maaniai Sukh Hoe ||1||	O Nanak, He is everlasting wealth. Place your mind's faith in Him, and you shall find peace. ||1||	ਹੇ ਨਾਨਕ! ਕਦੇ ਨਾਹ ਮੁੱਕਣ ਵਾਲਾ (ਨਾਮ-ਰੂਪ) ਪਦਾਰਥ (ਗੁਰੂ ਤੋਂ ਹੀ ਮਿਲਦਾ ਹੈ)। ਜਿਸ ਦਾ ਮਨ ਗੁਰੂ ਵਿਚ ਪਤੀਜ ਜਾਏ, ਉਸ ਨੂੰ ਸੁਖ ਹੋ ਜਾਂਦਾ ਹੈ ॥੧॥

5623	137	ਮਃ ੧॥	ਲੱਗਾ	Ma 1 ||	First Mehl:	
5624	137	ਪਹਿਲੈ ਪਿਆਰਿ ਲਗਾ ਥਣ ਦੁਧਿ॥		Pehilai Piaar Lagaa Thhan Dhudhh ||	First, the baby loves mother's milk;	(ਜੇ ਮਨੁੱਖ ਦੀ ਸਾਰੀ ਉਮਰ ਨੂੰ ਦਸ ਹਿੱਸਿਆਂ ਵਿਚ ਵੰਡੀਏ, ਤਾਂ ਇਸ ਦੀ ਸਾਰੀ ਉਮਰ ਦੇ ਕੀਤੇ ਉੱਦਮਾਂ ਦੀ ਤਸਵੀਰ ਇਉਂ ਬਣਦੀ ਹੈ:) ਪਹਿਲੀ ਅਵਸਥਾ ਵਿਚ (ਜੀਵ) ਪਿਆਰ ਨਾਲ (ਮਾਂ ਦੇ) ਥਣਾਂ ਦੇ ਦੁੱਧ ਵਿਚ ਰੁੱਝਦਾ ਹੈ;
5625	137	ਦੂਜੈ ਮਾਇ ਬਾਪ ਕੀ ਸੁਧਿ॥	(ਸੁੱਧਿ) ਸੋਝੀ	Dhoojai Maae Baap Kee Sudhh ||	Second, he learns of his mother and father;	ਦੂਜੀ ਅਵਸਥਾ ਵਿਚ (ਭਾਵ, ਜਦੋਂ ਰਤਾ ਕੁ ਸਿਆਣਾ ਹੁੰਦਾ ਹੈ) (ਇਸ ਨੂੰ) ਮਾਂ ਤੇ ਪਿਉ ਦੀ ਸੋਝੀ ਹੋ ਜਾਂਦੀ ਹੈ,
5626	137	ਤੀਜੈ ਭਯਾ ਭਾਭੀ ਬੇਬ॥	(ਭ-ਯਾ) ਭਰਾ ਯਾ ਤਾਲੂ ਤੋਂ ਬੋਲੋ। (ਬੇਬ) ਭੈਣ	Theejai Bhayaa Bhaabhee Baeb ||	Third, his brothers, sisters-in-law and sisters;	ਤੀਜੀ ਅਵਸਥਾ ਵਿਚ (ਅਪੜਿਆਂ ਜੀਵ ਨੂੰ) ਭਰਾ ਭਾਈ ਤੇ ਭੈਣ ਦੀ ਪਛਾਣ ਆਉਂਦੀ ਹੈ।
5627	137	ਚਉਥੈ ਪਿਆਰਿ ਉਪੰਨੀ ਖੇਡ॥	(ਉਪੰਨੀ) ਪੈਦਾ ਹੋਈ	Chouthhai Piaar Oupannee Khaedd ||	Fourth, the love of play awakens.	ਚੌਥੀ ਅਵਸਥਾ ਵੇਲੇ ਖੇਡਾਂ ਵਿਚ ਪਿਆਰ ਦੇ ਕਾਰਣ (ਜੀਵ ਦੇ ਅੰਦਰ ਖੇਡਾਂ ਖੇਡਣ ਦੀ ਰੁਚੀ) ਉਪਜਦੀ ਹੈ,
5628	137	ਪੰਜਵੈ ਖਾਣ ਪੀਅਣ ਕੀ ਧਾਤੁ॥	(ਧਾਤੁ) ਭੱਜ ਦੌੜ	Panjavai Khaan Peean Kee Dhhaath ||	Fifth, he runs after food and drink;	ਪੰਜਵੀਂ ਅਵਸਥਾ ਵਿਚ ਖਾਣ ਪੀਣ ਦੀ ਲਾਲਸਾ ਬਣਦੀ ਹੈ,
5629	137	ਛਿਵੈ ਕਾਮੁ ਨ ਪੁਛੈ ਜਾਤਿ॥		Shhivai Kaam N Pushhai Jaath ||	Sixth, in his sexual desire, he does not respect social customs.	ਛੇਵੀਂ ਅਵਸਥਾ ਵਿਚ (ਅੱਪੜ ਕੇ ਜੀਵ ਦੇ ਅੰਦਰ) ਕਾਮ (ਜਾਗਦਾ ਹੈ ਜੋ) ਜਾਤਿ ਕੁਜਾਤਿ ਭੀ ਨਹੀਂ ਵੇਖਦਾ।

5630	137	ਸਤਵੈ ਸੰਜਿ ਕੀਆ ਘਰ ਵਾਸੁ॥	(ਸੰਜਿ) ਇਕੱਠਾ ਕਰਕੇ	Sathavai Sanj Keeaa Ghar Vaas ||	Seventh, he gathers wealth and dwells in his house;	ਸਤਵੀਂ ਅਵਸਥਾ ਵੇਲੇ (ਜੀਵ ਪਦਾਰਥ) ਇਕੱਠੇ ਕਰ ਕੇ (ਆਪਣਾ) ਘਰ ਦਾ ਵਸੇਬਾ ਬਣਾਂਦਾ ਹੈ;
5631	137	ਅਠਵੈ ਕ੍ਰੋਧੁ ਹੋਆ ਤਨ ਨਾਸੁ॥		Athavai Krodhh Hoaa Than Naas ||	Eighth, he becomes angry, and his body is consumed.	ਅਠਵੀਂ ਅਵਸਥਾ ਵਿਚ (ਜੀਵ ਦੇ ਅੰਦਰ) ਗੁੱਸਾ (ਪੈਦਾ ਹੁੰਦਾ ਹੈ ਜੋ) ਸਰੀਰ ਦਾ ਨਾਸ ਕਰਦਾ ਹੈ।
5632	137	ਨਾਵੈ ਧਉਲੇ ਉਭੇ ਸਾਹ॥	(ਉੱਭੇ) ਔਖੇ। ਧਉਲੇ: ਪੋਲਾ ਬੋਲੋ	Naavai Dhhoulae Oubhae Saah ||	Ninth, he turns grey, and his breathing becomes labored;	(ਉਮਰ ਦੇ) ਨਾਂਵੇਂ ਹਿੱਸੇ ਵਿਚ ਕੇਸ ਚਿੱਟੇ ਹੋ ਜਾਂਦੇ ਹਨ ਤੇ ਸਾਹ ਖਿੱਚ ਕੇ ਆਉਂਦੇ ਹਨ (ਭਾਵ, ਦਮ ਚੜ੍ਹਨ ਲੱਗ ਪੈਂਦਾ ਹੈ),
5633	137	ਦਸਵੈ ਦਧਾ ਹੋਆ ਸੁਆਹ॥	(ਦੱਧਾ) ਸੜ ਕੇ	Dhasavai Dhadhhaa Hoaa Suaah ||	Tenth, he is cremated, and turns to ashes.	ਦਸਵੇਂ ਦਰਜੇ ਤੇ ਜਾ ਕੇ ਸੜ ਕੇ ਸੁਆਹ ਹੋ ਜਾਂਦਾ ਹੈ।
5634	137	ਗਏ ਸਿ ਗੀਤ ਪੁਕਾਰੀ ਧਾਹ॥	(ਸਿ) ਉਹ ਜਵਾਨੀ ਵਾਲੇ ਗੀਤ (ਦੂਜਾ ਪਾਠ: ਸਿਗੀਤ)	Geae Sigeeth Pukaaree Dhhaah ||	His companions send him off, crying out and lamenting.	ਜੋ ਸਾਥੀ (ਮਸਾਣਾਂ ਤਕ ਨਾਲ) ਜਾਂਦੇ ਹਨ, ਉਹ ਢਾਹਾਂ ਮਾਰ ਦੇਂਦੇ ਹਨ,
5635	137	ਉਡਿਆ ਹੰਸੁ ਦਸਾਏ ਰਾਹ॥	(ਦਸਾਏ) ਪੁੱਛਦਾ। ਉੱਡਿਆ	Ouddiaa Hans Dhasaaeae Raah ||	The swan of the soul takes flight, and asks which way to go.	ਜੀਵਾਤਮਾ (ਸਰੀਰ ਵਿਚੋਂ) ਨਿਕਲ ਕੇ (ਅਗਾਂਹ ਦੇ) ਰਾਹ ਪੁੱਛਦਾ ਹੈ।
5636	138	ਆਇਆ ਗਇਆ ਮੁਇਆ ਨਾਉ॥	(ਨਾਉ) ਨਾਮ ਭੀ (ਮੁਇਆ) ਖਤਮ ਹੋ ਗਿਆ। ਗ-ਇਆ	Aaeiaa Gaeiaa Mueiaa Naao ||	He came and he went, and now, even his name has died.	ਜੀਵ ਜਗਤ ਵਿਚ ਆਇਆ ਤੇ ਤੁਰ ਗਿਆ, (ਜਗਤ ਵਿਚ ਉਸ ਦਾ) ਨਾਮ ਭੀ ਭੁੱਲ ਗਿਆ,

5637	138	ਪਿਛੈ ਪਤਲਿ ਸਦਿਹੁ ਕਾਵ॥	ਪਿੱਛੈ। ਪੱਤਲਿ। ਸੱਦਿਹੁ।	Pishhai Pathal Sadhihu Kaav ||	After he left, food was offered on leaves, and the birds were called to come and eat.	(ਉਸ ਦੇ ਮਰਨ) ਪਿਛੋਂ ਪੱਤਰਾਂ ਉਤੇ (ਪਿੰਡ ਭਰਾ ਕੇ) ਕਾਂਵਾਂ ਨੂੰ ਹੀ ਸੱਦੀਦਾ ਹੈ (ਉਸ ਜੀਵ ਨੂੰ ਕੁਝ ਨਹੀਂ ਅੱਪੜਦਾ)।
5638	138	ਨਾਨਕ ਮਨਮੁਖਿ ਅੰਧੁ ਪਿਆਰੁ॥		Naanak Manamukh Andhh Piaar ||	O Nanak, the self-willed manmukhs love the darkness.	ਹੇ ਨਾਨਕ! ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ (ਜਗਤ ਨਾਲ) ਪਿਆਰ ਅੰਨ੍ਹਿਆਂ ਵਾਲਾ ਪਿਆਰ ਹੈ,
5639	138	ਬਾਝੁ ਗੁਰੂ ਡੁਬਾ ਸੰਸਾਰੁ॥੨॥		Baajh Guroo Ddubaa Sansaar ||2||	Without the Guru, the world is drowning. ||2||	ਗੁਰੂ (ਦੀ ਸਰਣ ਆਉਣ) ਤੋਂ ਬਿਨਾ ਜਗਤ (ਇਸ 'ਅੰਧ ਪਿਆਰ' ਵਿਚ) ਡੁੱਬ ਰਿਹਾ ਹੈ ॥੨॥
5640	138	ਮਃ ੧॥		Ma 1 ||	First Mehl:	
5641	138	ਦਸ ਬਾਲਤਣਿ ਬੀਸ ਰਵਣਿ ਤੀਸਾ ਕਾ ਸੁੰਦਰੁ ਕਹਾਵੈ॥	(ਬਾ-ਲੱਤਣਿ) ਬਚਪਨ। ਦਸ ਤੋਂ ਵੀਹ ਸਾਲ ਤੱਕ (ਰਵਣਿ) ਕਿਸ਼ੋਰ ਸੋਹਣੀ ਅਵਸਥਾ। ਤੀਸਾਂ	Dhas Baalathan Bees Ravan Theesaa Kaa Sundhar Kehaavai ||	At the age of ten, he is a child; at twenty, a youth, and at thirty, he is called handsome.	ਦਸਾਂ ਸਾਲਾਂ ਦਾ (ਜੀਵ) ਬਾਲਪਨ ਵਿਚ (ਹੁੰਦਾ ਹੈ) ਵੀਹਾਂ ਵਰ੍ਹਿਆਂ ਦਾ ਹੋ ਕੇ ਕਾਮ-ਚੇਸ਼ਟਾ ਵਾਲੀ ਅਵਸਥਾ ਵਿਚ (ਅੱਪੜਦਾ ਹੈ), ਤੀਹਾਂ ਸਾਲਾਂ ਦਾ ਹੋ ਕੇ ਸੋਹਣਾ ਅਖਵਾਂਦਾ ਹੈ।
5642	138	ਚਾਲੀਸੀ ਪੁਰੁ ਹੋਇ ਪਚਾਸੀ ਪਗੁ ਖਿਸੈ ਸਠੀ ਕੇ ਬੋਢੇਪਾ ਆਵੈ॥	(ਚਾਲੀਸੀ) ਚਾਲੀ ਸਾਲ ਤੱਕ ਸ੍ਰੀਰ ਦਾ ਬਲ ਤੇ ਲੰਬਾਈ (ਪੁਰੁ) ਪੂਰੀ ਹੋ ਜਾਂਦੀ ਹੈ। (ਪਚੱਾਸੀ) ਪੰਜਾਹ ਸਾਲ। ਪਗੁ, ਖਿਸੈ: ਪੋਲਾ ਬੋਲੋ। ਸੱਠੀ	Chaaleesee Pur Hoe Pachaasee Pag Khisai Sathee Kae Bodtaepaa Aavai ||	At forty, he is full of life; at fifty, his foot slips, and at sixty, old age is upon him.	ਚਾਲੀ ਸਾਲਾਂ ਦੀ ਉਮਰੇ ਭਰ-ਜੁਆਨ ਹੁੰਦਾ ਹੈ, ਪੰਜਾਹ ਤੇ ਅੱਪੜ ਕੇ ਪੈਰ (ਜੁਆਨੀ ਤੋਂ ਹਿਠਾਂਹ) ਖਿਸਕਣ ਲੱਗ ਪੈਂਦਾ ਹੈ, ਸੱਠ ਸਾਲਾਂ ਤੇ ਬੁਢੇਪਾ ਆ ਜਾਂਦਾ ਹੈ।

5643	138	ਸਤਰਿ ਕਾ ਮਤਿ ਹੀਣੁ ਅਸੀਹਾਂ ਕਾ ਵਿਉਹਾਰੁ ਨ ਪਾਵੈ॥	(ਅੱਸੀਹਾਂ) ਅੱਸੀ ਸਾਲ। ਸੱਤਰਿ	Sathar Kaa Mathiheen Aseehaan Kaa Viouhaar N Paavai ||	At seventy, he loses his intellect, and at eighty, he cannot perform his duties.	ਸੱਤਰ ਸਾਲਾਂ ਦਾ ਜੀਵ ਅਕਲੋਂ ਹੀਣਾ ਹੋਣ ਲੱਗ ਜਾਂਦਾ ਹੈ, ਤੇ ਅੱਸੀ ਸਾਲਾਂ ਦਾ ਕੰਮ ਕਾਰ ਜੋਗਾ ਨਹੀਂ ਰਹਿੰਦਾ।
5644	138	ਨਵੈ ਕਾ ਸਿਹਜਾਸਣੀ ਮੂਲਿ ਨ ਜਾਣੈ ਅਪਬਲੁ॥	(ਸਿਹਜਾਸਣੀ) ਸੇਜਾ ਤੇ ਪਿਆ ਰਹਿਣ ਵਾਲਾ। (ਅਪ-ਬਲੁ) ਨਿਰਬਲ। ਨੱਵੈ	Navai Kaa Sihajaasanee Mool N Jaanai Ap Bal ||	At ninety, he lies in his bed, and he cannot understand his weakness.	ਨੱਵੇ ਸਾਲ ਦਾ ਮੰਜੇ ਤੋਂ ਹੀ ਨਹੀਂ ਹਿੱਲ ਸਕਦਾ, ਆਪਣਾ ਆਪ ਭੀ ਸੰਭਾਲ ਨਹੀਂ ਸਕਦਾ।
5645	138	ਢੰਢੋਲਿਮੁ ਢੂਢਿਮੁ ਡਿਠੁ ਮੈ ਨਾਨਕ ਜਗੁ ਧੂਏ ਕਾ ਧਵਲਹਰੁ॥੩॥	(ਢੰਢੋਲਿਮੁ) ਢੂੰਢਿਆ, ਲੱਭਿਆ (ਢੂਢਿਮੁ) ਖੋਜ ਕੀਤੀ। ਅੱਖਾਂ ਨੂੰ ਚੰਗਾ ਲੱਗਦਾ (ਧਵਲ-ਹਰੁ) ਚਿੱਟਾ ਮਹਿਲ	Dtandtolim Dtoodtim Ddith Mai Naanak Jag Dhhooeae Kaa Dhhavalehar ||3||	After seeking and searching for such a long time, O Nanak, I have seen that the world is just a mansion of smoke. ||3||	ਹੇ ਨਾਨਕ! ਮੈਂ ਢੂੰਢਿਆ ਹੈ, ਭਾਲਿਆ ਹੈ, ਵੇਖਿਆ ਹੈ, ਇਹ ਜਗਤ ਚਿੱਟਾ ਪਲਸਤਰੀ ਮੰਦਰ ਹੈ (ਭਾਵ, ਵੇਖਣ ਨੂੰ ਸੋਹਣਾ ਹੈ) ਪਰ ਹੈ ਧੂਏਂ ਦਾ (ਭਾਵ, ਸਦਾ ਰਹਿਣ ਵਾਲਾ ਨਹੀਂ) ॥੩॥
5646	138	ਪਉੜੀ॥		Pourree ||	Pauree:	
5647	138	ਤੂੰ ਕਰਤਾ ਪੁਰਖੁ ਅਗੰਮੁ ਹੈ ਆਪਿ ਸ੍ਰਿਸਟਿ ਉਪਾਤੀ॥	(ਉਪਾਤੀ) ਪੈਦਾ ਕੀਤੀ	Thoon Karathaa Purakh Aganm Hai Aap Srisatt Oupaathee ||	You, O Creator Lord, are Unfathomable. You Yourself created the Universe,	ਹੇ (ਪ੍ਰਭੂ!) ਤੂੰ ਸਿਰਜਣਹਾਰ ਹੈਂ, ਸਭ ਵਿਚ ਮੌਜੂਦ ਹੈਂ, (ਫਿਰ ਭੀ) ਤੇਰੇ ਤੀਕ ਕਿਸੇ ਦੀ ਪਹੁੰਚ ਨਹੀਂ ਹੈ, ਤੂੰ ਆਪ (ਸਾਰੀ) ਸ੍ਰਿਸ਼ਟੀ ਉਪਾਈ ਹੈ।
5648	138	ਰੰਗ ਪਰੰਗ ਉਪਾਰਜਨਾ ਬਹੁ ਬਹੁ ਬਿਧਿ ਭਾਤੀ॥	(ਪਰੰਗ) ਮਿਸਰਤ ਰੰਗ। (ਉਪਾਰਜਨਾ) ਪੈਦਾ ਕੀਤੀ। ਬਿਧਿ:ਪੋਲਾ ਬੋਲੋ। ਭਾਂਤੀ	Rang Parang Oupaarajanaa Bahu Bahu Bidhh Bhaathee ||	Its colors, qualities and varieties, in so many ways and forms.	(ਇਹ ਰਚਨਾ) ਤੂੰ ਕਈ ਰੰਗਾਂ ਦੀ ਕਈ ਕਿਸਮਾਂ ਦੀ ਕਈ ਤਰੀਕਿਆਂ ਨਾਲ ਬਣਾਈ ਹੈ।

5649	138	ਤੂੰ ਜਾਣਹਿ ਜਿਨਿ ਉਪਾਈਐ ਸਭੁ ਖੇਲੁ ਤੁਮਾਤੀ॥	(ਤੁਮਾਤੀ) ਆਪਜੀ। ਖੇਲੁ	Thoon Jaanehi Jin Oupaaeeai Sabh Khael Thumaathee ||	You created it, and You alone understand it. It is all Your Play.	(ਜਗਤ ਦਾ ਇਹ) ਸਾਰਾ ਤਮਾਸ਼ਾ ਤੇਰਾ ਹੀ (ਬਣਾਇਆ ਹੋਇਆ) ਹੈ, (ਇਸ ਤਮਾਸ਼ੇ ਦੇ ਭੇਤ ਨੂੰ) ਤੂੰ ਆਪ ਹੀ ਜਾਣਦਾ ਹੈਂ, (ਜਿਸ ਨੇ ਖੇਲ ਬਣਾਇਆ ਹੋਇਆ ਹੈ)।
5650	138	ਇਕਿ ਆਵਹਿ ਇਕਿ ਜਾਹਿ ਉਠਿ ਬਿਨੁ ਨਾਵੈ ਮਰਿ ਜਾਤੀ॥		Eik Aavehi Eik Jaahi Outh Bin Naavai Mar Jaathee ||	Some come, and some arise and depart; but without the Name, all are bound to die.	(ਇਸ ਤਮਾਸ਼ੇ ਵਿਚ) ਕਈ ਜੀਵ ਆ ਰਹੇ ਹਨ, ਕਈ (ਤਮਾਸ਼ਾ ਵੇਖ ਕੇ) ਤੁਰੇ ਜਾ ਰਹੇ ਹਨ, (ਪਰ ਜੋ) 'ਨਾਮ' ਤੋਂ ਸੱਖਣੇ ਹਨ ਉਹ ਮਰ ਕੇ (ਭਾਵ, ਦੁਖੀ ਹੋ ਕੇ) ਜਾਂਦੇ ਹਨ।
5651	138	ਗੁਰਮੁਖਿ ਰੰਗਿ ਚਲੂਲਿਆ ਰੰਗਿ ਹਰਿ ਰੰਗਿ ਰਾਤੀ॥	(ਚਲੂਲਿਆ) ਗਾੜ੍ਹਾ ਲਾਲ ਰੰਗ। (ਰਾਤੀ) ਰੰਗੇ	Guramukh Rang Chalooliaa Rang Har Rang Raathee ||	The Gurmukhs are imbued with the deep crimson color of the poppy; they are dyed in the color of the Lord's Love.	ਉਹ ਮਨੁੱਖ ਗੁਰੂ ਦੇ ਸਨਮੁਖ ਹਨ ਉਹ (ਪ੍ਰਭੂ ਦੇ) ਪਿਆਰ ਵਿਚ ਗੂੜ੍ਹੇ ਰੰਗੇ ਹੋਏ ਹਨ, ਉਹ ਨਿਰੋਲ ਹਰੀ ਦੇ ਪਿਆਰ ਰੰਗੇ ਹੋਏ ਹਨ।
5652	138	ਸੋ ਸੇਵਹੁ ਸਤਿ ਨਿਰੰਜਨੋ ਹਰਿ ਪੁਰਖੁ ਬਿਧਾਤੀ॥		So Saevahu Sath Niranjano Har Purakh Bidhhaathee ||	So serve the True and Pure Lord, the Supremely Powerful Architect of Destiny.	(ਹੇ ਭਾਈ!) ਜੋ ਪ੍ਰਭੂ ਸਭ ਵਿਚ ਵਿਆਪਕ (ਪੁਰਖ) ਹੈ, ਜਗਤ ਦਾ ਰਚਨ ਵਾਲਾ ਹੈ, ਸਦਾ-ਥਿਰ ਰਹਿਣ ਵਾਲਾ ਹੈ ਤੇ ਮਾਇਆ ਤੋਂ ਰਹਿਤ ਹੈ, ਉਸ ਨੂੰ ਸਿਮਰੋ।
5653	138	ਤੂੰ ਆਪੇ ਆਪਿ ਸੁਜਾਣੁ ਹੈ ਵਡ ਪੁਰਖੁ ਵਡਾਤੀ॥		Thoon Aapae Aap Sujaan Hai Vadd Purakh Vaddaathee ||	You Yourself are All-knowing. O Lord, You are the Greatest of the Great!	ਹੇ ਪ੍ਰਭੂ! ਤੂੰ ਸਭ ਤੋਂ ਵੱਡੀ ਹਸਤੀ ਵਾਲਾ ਹੈਂ, ਤੂੰ ਆਪ ਹੀ ਸਭ ਕੁਝ ਜਾਣਨ ਵਾਲਾ ਹੈਂ;

5654	138	ਜੋ ਮਨਿ ਚਿਤਿ ਤੁਧੁ ਧਿਆਇਦੇ ਮੇਰੇ ਸਚਿਆ ਬਲਿ ਬਲਿ ਹਉ ਤਿਨ ਜਾਤੀ॥੧॥		Jo Man Chith Thudhh Dhhiaaeidhae Maerae Sachiaa Bal Bal Ho Thin Jaathee ||1||	O my True Lord, I am a sacrifice, a humble sacrifice, to those who meditate on You within their conscious mind. ||1||	ਹੇ ਮੇਰੇ ਸੱਚੇ (ਸਾਹਿਬ!) ਜੋ ਤੈਨੂੰ ਮਨ ਲਾ ਕੇ ਚਿੱਤ ਲਾ ਕੇ ਸਿਮਰਦੇ ਹਨ, ਮੈਂ ਉਹਨਾਂ ਤੋਂ ਸਦਕੇ ਹਾਂ ॥੧॥
5655	138	ਸਲੋਕ ਮਃ ੧॥		Salok Ma 1 ||	Shalok, First Mehl:	
5656	138	ਜੀਉ ਪਾਇ ਤਨੁ ਸਾਜਿਆ ਰਖਿਆ ਬਣਤ ਬਣਾਇ॥	(ਜੀਉ) ਜਿੰਦ	Jeeo Paae Than Saajiaa Rakhiaa Banath Banaae ||	He placed the soul in the body which He had fashioned. He protects the Creation which He has created.	(ਪ੍ਰਭੂ ਨੇ) ਜਿੰਦ ਪਾ ਕੇ (ਮਨੁੱਖ ਦਾ) ਸਰੀਰ ਬਣਾਇਆ ਹੈ, (ਕਿਆ ਸੋਹਣੀ) ਘਾੜਤ ਘੜ ਕੇ ਰੱਖੀ ਹੈ।
5657	138	ਅਖੀ ਦੇਖੈ ਜਿਹਵਾ ਬੋਲੈ ਕੰਨੀ ਸੁਰਤਿ ਸਮਾਇ॥	(ਸੁਰਤਿ) ਸੁਨਣ ਦੀ ਸੱਤਿਆ। ਅੱਖੀਂ	Akhee Dhaekhai Jihavaa Bolai Kannee Surath Samaae ||	With their eyes, they see, and with their tongues, they speak; with their ears, they bring the mind to awareness.	ਅੱਖਾਂ ਨਾਲ ਇਹ ਵੇਖਦਾ ਹੈ, ਜੀਭ ਨਾਲ ਬੋਲਦਾ ਹੈ, (ਇਸ ਦੇ) ਕੰਨਾਂ ਵਿਚ ਸੁਣਨ ਦੀ ਸੱਤਿਆ ਮੌਜੂਦ ਹੈ,
5658	138	ਪੈਰੀ ਚਲੈ ਹਥੀ ਕਰਣਾ ਦਿਤਾ ਪੈਨੈ ਖਾਇ॥	ਵਾਹਿਗੁਰੂ ਜੀ ਦਾ ਦਿੱਤਾ (ਪੈਨੈ) ਪਹਿਨਦਾ (ਖਾਇ) ਖਾਂਦਾ ਹੈ। ਚੱਲੈ ਹੱਥੀਂ	Pairee Chalai Hathhee Karanaa Dhithaa Painai Khaae ||	With their feet, they walk, and with their hands, they work; they wear and eat whatever is given.	ਪੈਰਾਂ ਨਾਲ ਤੁਰਦਾ ਹੈ, ਹੱਥਾਂ ਨਾਲ (ਕੰਮ) ਕਰਦਾ ਹੈ, ਤੇ (ਪ੍ਰਭੂ ਦਾ) ਦਿੱਤਾ ਖਾਂਦਾ ਪਹਿਨਦਾ ਹੈ।

5659	138	ਜਿਨਿ ਰਚਿ ਰਚਿਆ ਤਿਸਹਿ ਨ ਜਾਣੈ ਅੰਧਾ ਅੰਧੁ ਕਮਾਇ॥		Jin Rach Rachiaa Thisehi N Jaanai Andhhaa Andhh Kamaae ||	They do not know the One who created the Creation. The blind fools do their dark deeds.	ਪਰ, ਜਿਸ (ਪ੍ਰਭੂ) ਨੇ (ਇਸ ਦੇ ਸਰੀਰ ਨੂੰ) ਬਣਾਇਆ ਸੁਆਰਿਆ ਹੈ, ਉਸ ਨੂੰ ਇਹ ਪਛਾਣਦਾ (ਭੀ) ਨਹੀਂ, ਅੰਨ੍ਹਾ ਮਨੁੱਖ (ਭਾਵ, ਆਤਮਕ ਜੀਵਨ ਵਲੋਂ ਬੇ-ਸਮਝ) ਅੰਨ੍ਹਿਆਂ ਵਾਲਾ ਕੰਮ ਕਰਦਾ ਹੈ (ਭਾਵ, ਔਝੜੇ ਪਿਆ ਭਟਕਦਾ ਹੈ)।
5660	138	ਜਾ ਭਜੈ ਤਾ ਠੀਕਰੁ ਹੋਵੈ ਘਾੜਤ ਘੜੀ ਨ ਜਾਇ॥	ਭੱਜੈ	Jaa Bhajai Thaa Theekar Hovai Ghaarrath Gharree N Jaae ||	When the pitcher of the body breaks and shatters into pieces, it cannot be re-created again.	ਜਦੋਂ (ਇਹ ਸਰੀਰ-ਰੂਪ ਭਾਂਡਾ) ਟੁੱਟ ਜਾਂਦਾ ਹੈ, ਤਾਂ (ਇਹ ਤਾਂ) ਠੀਕਰਾ ਹੋ ਜਾਂਦਾ ਹੈ (ਭਾਵ, ਕਿਸੇ ਕੰਮ ਦਾ ਨਹੀਂ ਰਹਿ ਜਾਂਦਾ) ਤੇ ਮੁੜ ਇਹ (ਸਰੀਰਕ) ਬਣਤਰ ਬਣ ਭੀ ਨਹੀਂ ਸਕਦੀ।
5661	138	ਨਾਨਕ ਗੁਰ ਬਿਨੁ ਨਾਹਿ ਪਤਿ ਪਤਿ ਵਿਣੁ ਪਾਰਿ ਨ ਪਾਇ॥੧॥		Naanak Gur Bin Naahi Path Path Vin Paar N Paae ||1||	O Nanak, without the Guru, there is no honor; without honor, no one is carried across. ||1||	ਹੇ ਨਾਨਕ! (ਅੰਨ੍ਹਾ ਮਨੁੱਖ) ਗੁਰੂ (ਦੀ ਸਰਨ) ਤੋਂ ਬਿਨਾ ਬਖ਼ਸ਼ਸ਼ ਤੋਂ ਵਾਂਜਿਆ ਰਹਿੰਦਾ ਹੈ, ਤੇ ਪ੍ਰਭੂ ਦੀ ਮਿਹਰ ਤੋਂ ਬਿਨਾ (ਇਸ ਔਝੜ ਵਿਚੋਂ) ਪਾਰ ਨਹੀਂ ਲੰਘ ਸਕਦਾ ॥੧॥
5662	138	ਮਃ ੨॥		Ma 2 ||	Second Mehl:	
5663	138	ਦੇਂਦੇ ਥਾਵਹੁ ਦਿਤਾ ਚੰਗਾ ਮਨਮੁਖਿ ਐਸਾ ਜਾਣੀਐ॥	ਦੇਹੀ ਧਨ ਪਦਾਰਥ ਪ੍ਰਵਾਰ (ਦੇਂਦੇ) ਦੇਣ ਵਾਲੇ ਵਾਹਿਗੁਰੂ ਜੀ (ਥਾਵਹੁ) ਨਾਲੋਂ ਉਨਾਂ ਦਾ ਦਿਤਾ ਹੋਇਆ ਚੰਗਾ ਜਾਣਦਾ	Dhaenadhae Thhaavahu Dhithaa Changaa Manamukh Aisaa Jaaneeai ||	They prefer the gift, instead of the Giver; such is the way of the self-willed manmukhs.	ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਇਹੋ ਜਿਹਾ ਸਮਝ ਲਵੇ (ਕਿ ਉਸ ਨੂੰ) ਦੇਣ ਵਾਲੇ (ਪਰਮਾਤਮਾ) ਨਾਲੋਂ (ਉਸ ਦਾ) ਦਿੱਤਾ ਹੋਇਆ (ਪਦਾਰਥ) ਚੰਗਾ ਲੱਗਦਾ ਹੈ।

5664	138	ਸੁਰਤਿ ਮਤਿ ਚਤੁਰਾਈ ਤਾ ਕੀ ਕਿਆ ਕਰਿ ਆਖਿ ਵਖਾਣੀਐ॥		Surath Math Chathuraaee Thaa Kee Kiaa Kar Aakh Vakhaaneeai ||	What can anyone say about their intelligence, their understanding or their cleverness?	ਉਸ ਮਨੁੱਖ ਦੀ ਸੂਝ, ਅਕਲ ਤੇ ਸਿਆਣਪ (ਅਜੇਹੀ ਨੀਵੀਂ ਹੈ ਕਿ) ਲਫ਼ਜ਼ਾਂ ਨਾਲ ਬਿਆਨ ਨਹੀਂ ਕੀਤੀ ਜਾ ਸਕਦੀ ਹੈ।
5665	138	ਅੰਤਰਿ ਬਹਿ ਕੈ ਕਰਮ ਕਮਾਵੈ ਸੋ ਚਹੁ ਕੁੰਡੀ ਜਾਣੀਐ॥	(ਚਹੁ) ਚਾਰੇ (ਕੁੰਡੀ) ਦਿਸ਼ਾਵਾਂ	Anthar Behi Kai Karam Kamaavai So Chahu Kunddee Jaaneeai ||	The deeds which one commits, while sitting in one's own home, are known far and wide, in the four directions.	(ਉਹ ਆਪਣੇ ਵਲੋਂ) ਲੁਕ ਕੇ (ਮੰਦੇ) ਕੰਮ ਕਰਦਾ ਹੈ, (ਪਰ ਜੋ ਕੁਝ ਉਹ ਕਰਦਾ ਹੈ) ਉਹ ਹਰ ਥਾਂ ਨਸ਼ਰ ਹੋ ਜਾਂਦਾ ਹੈ।
5666	138	ਜੋ ਧਰਮੁ ਕਮਾਵੈ ਤਿਸੁ ਧਰਮ ਨਾਉ ਹੋਵੈ ਪਾਪਿ ਕਮਾਣੈ ਪਾਪੀ ਜਾਣੀਐ॥		Jo Dhharam Kamaavai This Dhharam Naao Hovai Paap Kamaanai Paapee Jaaneeai ||	One who lives righteously is known as righteous; one who commits sins is known as a sinner.	(ਕੁਦਰਤ ਦਾ ਨੇਮ ਹੀ ਐਸਾ ਹੈ ਕਿ) ਜੋ ਮਨੁੱਖ ਭਲਾ ਕੰਮ ਕਰਦਾ ਹੈ, ਉਸਦਾ ਨਾਮ 'ਧਰਮੀ' ਪੈ ਜਾਂਦਾ ਹੈ, ਮੰਦੇ ਕੰਮ ਕੀਤਿਆਂ ਮਨੁੱਖ ਮੰਦਾ ਹੀ ਸਮਝਿਆ ਜਾਂਦਾ ਹੈ।
5667	138	ਤੂੰ ਆਪੇ ਖੇਲ ਕਰਹਿ ਸਭਿ ਕਰਤੇ ਕਿਆ ਦੂਜਾ ਆਖਿ ਵਖਾਣੀਐ॥	(ਵਖਾਣੀਐ) ਕਹੀਏ	Thoon Aapae Khael Karehi Sabh Karathae Kiaa Dhoojaa Aakh Vakhaaneeai ||	You Yourself enact the entire play, O Creator. Why should we speak of any other?	(ਪਰ ਮੰਦਾ ਕਿਸ ਨੂੰ ਆਖੀਏ?) (ਹੇ ਪ੍ਰਭੂ!) ਸਾਰੇ ਕੌਤਕ ਤੂੰ ਆਪ ਹੀ ਕਰ ਰਿਹਾ ਹੈਂ। ਤੈਥੋਂ ਵੱਖਰਾ ਹੋਰ ਕੇਹੜਾ ਦੱਸੀਏ?

5668	138	ਜਿਚਰੁ ਤੇਰੀ ਜੋਤਿ ਤਿਚਰੁ ਜੋਤੀ ਵਿਚਿ ਤੂੰ ਬੋਲਹਿ ਵਿਣੁ ਜੋਤੀ ਕੋਈ ਕਿਛੁ ਕਰਿਹੁ ਦਿਖਾ ਸਿਆਣੀਐ॥	ਕਰਿਹੁ	Jichar Thaeree Joth Thichar Jothee Vich Thoon Bolehi Vin Jothee Koee Kishh Karihu Dhikhaa Siaaneeai ||	As long as Your Light is within the body, You speak through that Light. Without Your Light, who can do anything? Show me any such cleverness!	(ਜੀਵਾਂ ਦੇ ਅੰਦਰ) ਜਿਤਨਾ ਚਿਰ ਤੇਰੀ ਜੋਤਿ ਮੌਜੂਦ ਹੈ ਉਤਨਾ ਚਿਰ ਉਸ ਜੋਤਿ ਵਿਚ ਤੂੰ (ਆਪ ਹੀ) ਬੋਲਦਾ ਹੈਂ। ਜਦੋਂ ਤੇਰੀ ਜੋਤਿ ਨਿਕਲ ਜਾਏ, ਤਾਂ ਭਲਾ ਕੋਈ ਕੁਝ ਕਰੇ ਤਾਂ ਸਹੀ, ਅਸੀਂ ਪਰਖ ਕੇ ਵੇਖੀਏ, (ਭਾਵ, ਤੇਰੀ ਜੋਤਿ ਤੋਂ ਬਿਨਾ ਕੋਈ ਕੁਝ ਨਹੀਂ ਕਰ ਸਕਦਾ; ਸੋ, ਮਨਸੁਖ ਵਿਚ ਭੀ ਤੇਰੀ ਹੀ ਜੋਤਿ ਹੈ)।
5669	138	ਨਾਨਕ ਗੁਰਮੁਖਿ ਨਦਰੀ ਆਇਆ ਹਰਿ ਇਕੋ ਸੁਘੜੁ ਸੁਜਾਣੀਐ॥੨॥	(ਸੁਘੜੁ) ਸਿਆਣਾ। (ਸੁਜਾਣੀਐ) ਸਭ ਕੁੱਝ ਦਾ ਗਿਆਤਾ	Naanak Guramukh Nadharee Aaeiaa Har Eiko Sugharr Sujaaneeai ||2||	O Nanak, the Lord alone is Perfect and All-knowing; He is revealed to the Gurmukh. ||2||	ਹੇ ਨਾਨਕ! ਗੁਰੂ ਦੀ ਸਰਨ ਆਏ ਮਨੁੱਖ ਨੂੰ (ਹਰ ਥਾਂ) ਇਕੋ ਸਿਆਣਾ ਤੇ ਸੁਜਾਨ ਪ੍ਰਭੂ ਹੀ ਦਿੱਸਦਾ ਹੈ ॥੨॥
5670	138	ਪਉੜੀ॥		Pourree ||	Pauree:	
5671	138	ਤੁਧੁ ਆਪੇ ਜਗਤੁ ਉਪਾਇ ਕੈ ਤੁਧੁ ਆਪੇ ਧੰਧੈ ਲਾਇਆ॥	ਜੱਗ-ਤੁ	Thudhh Aapae Jagath Oupaae Kai Thudhh Aapae Dhhandhhai Laaeiaa ||	You Yourself created the world, and You Yourself put it to work.	(ਹੇ ਪ੍ਰਭੂ!) ਤੂੰ ਆਪ ਹੀ ਜਗਤ ਪੈਦਾ ਕਰ ਕੇ ਤੂੰ ਆਪ ਹੀ (ਇਸ ਨੂੰ) ਜੰਜਾਲ ਵਿਚ ਪਾ ਦਿੱਤਾ ਹੈ।

5672	138	ਮੋਹ ਠਗਉਲੀ ਪਾਇ ਕੈ ਤੁਧੁ ਆਪਹੁ ਜਗਤੁ ਖੁਆਇਆ॥	ਠ-ਗਉਲੀ	Moh Thagoulee Paae Kai Thudhh Aapahu Jagath Khuaaeiaa ||	Administering the drug of emotional attachment, You Yourself have led the world astray.	(ਮਾਇਆ ਦੇ) ਮੋਹ ਦੀ ਠਗ ਬੂਟੀ ਖੁਆ ਕੇ ਤੂੰ ਜਗਤ ਨੂੰ ਆਪਣੇ ਆਪ ਤੋਂ (ਭਾਵ, ਆਪਣੀ ਯਾਦ ਤੋਂ) ਖੁੰਝਾ ਦਿੱਤਾ ਹੈ।
5673	138	ਤਿਸਨਾ ਅੰਦਰਿ ਅਗਨਿ ਹੈ ਨਹ ਤਿਪਤੈ ਭੁਖਾ ਤਿਹਾਇਆ॥		Thisanaa Andhar Agan Hai Neh Thipathai Bhukhaa Thihaaeiaa ||	The fire of desire is deep within; unsatisfied, people remain hungry and thirsty.	(ਜਗਤ ਦੇ) ਅੰਦਰ ਤ੍ਰਿਸ਼ਨਾ ਦੀ ਅੱਗ (ਬਲ ਰਹੀ) ਹੈ, (ਇਸ ਵਾਸਤੇ ਇਹ ਮਾਇਆ ਦੀ) ਤ੍ਰਿਹ ਤੇ ਭੁੱਖ ਦਾ ਮਾਰਿਆ ਹੋਇਆ ਰੱਜਦਾ ਨਹੀਂ ਹੈ।
5674	138	ਸਹਸਾ ਇਹੁ ਸੰਸਾਰੁ ਹੈ ਮਰਿ ਜੰਮੈ ਆਇਆ ਜਾਇਆ॥		Sehasaa Eihu Sansaar Hai Mar Janmai Aaeiaa Jaaeiaa ||	This world is an illusion; it dies and it is re-born-it comes and it goes in reincarnation.	ਇਹ ਜਗਤ ਹੈ ਹੀ ਤੌਖ਼ਲਾ (ਰੂਪ), (ਇਸ ਤੌਖ਼ਲੇ ਵਿਚ ਪਿਆ ਜੀਵ) ਜੰਮਦਾ ਮਰਦਾ ਤੇ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ।
5675	138	ਬਿਨੁ ਸਤਿਗੁਰ ਮੋਹੁ ਨ ਤੁਟਈ ਸਭਿ ਥਕੇ ਕਰਮ ਕਮਾਇਆ॥		Bin Sathigur Mohu N Thuttee Sabh Thhakae Karam Kamaaeiaa ||	Without the True Guru, emotional attachment is not broken. All have grown weary of performing empty rituals.	(ਮਾਇਆ ਦਾ ਇਹ) ਮੋਹ ਗੁਰੂ (ਦੀ ਸਰਨ) ਤੋਂ ਬਿਨਾ ਟੁੱਟਦਾ ਨਹੀਂ, (ਬਥੇਰੇ ਜੀਵ) ਹੋਰ ਹੋਰ (ਧਾਰਮਿਕ) ਕੰਮ ਕਰ ਕੇ ਹਾਰ ਚੁਕੇ ਹਨ।

5676	138	ਗੁਰਮਤੀ ਨਾਮੁ ਧਿਆਈਐ ਸੁਖਿ ਰਜਾ ਜਾ ਤੁਧੁ ਭਾਇਆ॥	ਰੱਜਾ	Guramathee Naam Dhhiaaeeai Sukh Rajaa Jaa Thudhh Bhaaeiaa ||	Those who follow the Guru's Teachings meditate on the Naam, the Name of the Lord. Filled with a joyful peace, they surrender to Your Will.	ਪ੍ਰਭੂ ਦਾ ਨਾਮ ਗੁਰੂ ਦੀ ਸਿੱਖਿਆ ਦੀ ਰਾਹੀਂ ਹੀ ਸਿਮਰਿਆ ਜਾ ਸਕਦਾ ਹੈ। (ਹੇ ਪ੍ਰਭੂ!) ਜਦੋਂ ਤੈਨੂੰ ਭਾਵੇ (ਤਾਂ ਜੀਵ ਤੇਰੇ ਨਾਮ ਦੇ) ਸੁਖ ਵਿਚ (ਟਿਕ ਕੇ) ਤ੍ਰਿਪਤ ਹੁੰਦਾ ਹੈ।
5677	138	ਕੁਲੁ ਉਧਾਰੇ ਆਪਣਾ ਧੰਨੁ ਜਣੇਦੀ ਮਾਇਆ॥		Kul Oudhhaarae Aapanaa Dhhann Janaedhee Maaeiaa ||	They save their families and ancestors; blessed are the mothers who gave birth to them.	ਧੰਨ ਹੈ (ਉਸ ਜੀਵ ਦੀ) ਜੰਮਣ ਵਾਲੀ ਮਾਂ, (ਨਾਮ ਦੀ ਬਰਕਤਿ ਨਾਲ ਉਹ) ਆਪਣਾ ਖ਼ਾਨਦਾਨ (ਹੀ ਵਿਕਾਰਾਂ ਤੋਂ) ਬਚਾ ਲੈਂਦਾ ਹੈ।
5678	139	ਸੋਭਾ ਸੁਰਤਿ ਸੁਹਾਵਣੀ ਜਿਨਿ ਹਰਿ ਸੇਤੀ ਚਿਤੁ ਲਾਇਆ॥੨॥	(ਸੁਰਤਿ) ਗਿਆਤ, (ਸੁ+ਰਤਿ) (ਸੁ) ਸ੍ਰੇਸ਼ਟ (ਰਤਿ) ਪ੍ਰੀਤੀ	Sobhaa Surath Suhaavanee Jin Har Saethee Chith Laaeiaa ||2||	Beautiful and sublime is the glory and the understanding of those who focus their consciousness on the Lord. ||2||	ਜਿਸ ਮਨੁੱਖ ਨੇ ਪ੍ਰਭੂ ਨਾਲ ਚਿੱਤ ਜੋੜਿਆ ਹੈ, (ਜਗਤ ਵਿਚ ਉਸ ਦੀ) ਸੋਭਾ ਹੁੰਦੀ ਹੈ ਤੇ ਉਸ ਦੀ ਸੋਹਣੀ ਸੂਝ ਹੋ ਜਾਂਦੀ ਹੈ ॥੨॥
5679	139	ਸਲੋਕੁ ਮਃ ੨॥		Salok Ma 2 ||	Shalok, Second Mehl:	
5680	139	ਅਖੀ ਬਾਝਹੁ ਵੇਖਣਾ ਵਿਣੁ ਕੰਨਾ ਸੁਨਣਾ॥	ਅਖਾਂ ਨੂੰ ਮੰਦ ਦ੍ਰਿਸ਼ਟੀ ਨਾਲ ਦੇਖਣੇ (ਬਾਝਹੁ) ਹਟਾ ਕੇ, ਕੰਨਾ ਨੂੰ ਪਰਾਈ ਚੁਗਲੀ ਵਿਸ਼ੇ ਵਿਕਾਰਾਂ ਦੀ ਗੱਲ ਸੁਨਣੋ ਹਟਾ ਕੇ	Akhee Baajhahu Vaekhanaa Vin Kannaa Sunanaa ||	To see without eyes; to hear without ears;	ਜੇ ਅੱਖਾਂ ਤੋਂ ਬਿਨਾ ਵੇਖੀਏ (ਭਾਵ, ਜੇ ਪਰਾਇਆ ਰੂਪ ਤੱਕਣ ਦੀ ਵਾਦੀ ਵਲੋਂ ਇਹਨਾਂ ਅੱਖਾਂ ਨੂੰ ਹਟਾ ਕੇ ਜਗਤ ਨੂੰ ਵੇਖੀਏ), ਕੰਨਾਂ ਤੋਂ ਬਿਨਾ ਸੁਣੀਏ (ਭਾਵ, ਜੇ ਨਿੰਦਾ ਸੁਣਨ ਦੀ ਵਾਦੀ ਹਟਾ ਕੇ ਇਹ ਕੰਨ ਵਰਤੀਏ),

5681	139	ਪੈਰਾ ਬਾਝਹੁ ਚਲਣਾ ਵਿਣੁ ਹਥਾ ਕਰਣਾ॥	ਪੈਰਾਂ ਨੂੰ ਗੁਰੂ ਜੀ ਦੇ ਹੁਕਮ ਦੇ ਉਲਟ ਚੱਲਣੋਂ ਹਟਾ ਕੇ, ਹੱਥਾਂ ਨੂੰ ਗੁਰੂ ਸੇਵਾ ਛੱਡ ਹੋਰ ਪਾਸੇ ਚੋਰੀ ਯਾਰੀ ਮੰਦ ਕਰਮਾਂ ਤੋਂ ਹਟਾ ਕੇ। ਚੱਲਣਾ। ਹੱਥਾਂ	Pairaa Baajhahu Chalanaa Vin Hathhaa Karanaa ||	To walk without feet; to work without hands;	ਜੇ ਪੈਰਾਂ ਤੋਂ ਬਿਨਾ ਤੁਰੀਏ (ਭਾਵ, ਜੇ ਮੰਦੇ ਪਾਸੇ ਵਲ ਦੌੜਨ ਤੋਂ ਪੈਰਾਂ ਨੂੰ ਵਰਜ ਰੱਖੀਏ), ਜੇ ਹੱਥਾਂ ਤੋਂ ਬਿਨਾ ਕੰਮ ਕਰੀਏ (ਭਾਵ, ਜੇ ਪਰਾਇਆ ਨੁਕਸਾਨ ਕਰਨ ਵਲੋਂ ਰੋਕ ਕੇ ਹੱਥਾਂ ਨੂੰ ਵਰਤੀਏ),
5682	139	ਜੀਭੈ ਬਾਝਹੁ ਬੋਲਣਾ ਇਉ ਜੀਵਤ ਮਰਣਾ॥	ਇਉ (ਜੀਵਤ) ਜਿਉਂਦਿਆਂ ਹੀ ਸੰਸਾਰ ਵੱਲੋਂ ਮਰ ਜਾਈਏ	Jeebhai Baajhahu Bolanaa Eio Jeevath Maranaa ||	To speak without a tongue-like this, one remains dead while yet alive.	ਜੇ ਜੀਭ ਤੋਂ ਬਿਨਾ ਬੋਲੀਏ, (ਭਾਵ ਜੇ ਨਿੰਦਾ ਕਰਨ ਦੀ ਵਾਦੀ ਹਟਾ ਕੇ ਜੀਭ ਤੋਂ ਬੋਲਣ ਦਾ ਕੰਮ ਲਈਏ), -ਇਸ ਤਰ੍ਹਾਂ ਜਿਉਂਦਿਆਂ ਮਰੀਦਾ ਹੈ।
5683	139	ਨਾਨਕ ਹੁਕਮੁ ਪਛਾਣਿ ਕੈ ਤਉ ਖਸਮੈ ਮਿਲਣਾ॥੧॥		Naanak Hukam Pashhaan Kai Tho Khasamai Milanaa ||1||	O Nanak, recognize the Hukam of the Lord's Command, and merge with your Lord and Master. ||1||	ਹੇ ਨਾਨਕ! ਖਸਮ ਪ੍ਰਭੂ ਦਾ ਹੁਕਮ ਪਛਾਣੀਏ ਤਾਂ ਉਸ ਨੂੰ ਮਿਲੀਦਾ ਹੈ (ਭਾਵ, ਜੇ ਇਹ ਸਮਝ ਲਈਏ ਕਿ ਖਸਮ ਪ੍ਰਭੂ ਵਲੋਂ ਅੱਖਾਂ ਆਦਿਕ ਇੰਦ੍ਰਿਆਂ ਨੂੰ ਕਿਵੇਂ ਵਰਤਣ ਦਾ ਹੁਕਮ ਹੈ, ਤਾਂ ਉਸ ਪ੍ਰਭੂ ਨੂੰ ਮਿਲ ਪਈਦਾ ਹੈ) ॥੧॥
5684	139	ਮਃ ੨॥		Ma 2 ||	Second Mehl:	

5685	139	ਦਿਸੈ ਸੁਣੀਐ ਜਾਣੀਐ ਸਾਉ ਨ ਪਾਇਆ ਜਾਇ॥		Dhisai Suneeai Jaaneeai Saao N Paaeiaa Jaae ||	He is seen, heard and known, but His subtle essence is not obtained.	(ਪਰਮਾਤਮਾ ਕੁਦਰਤਿ ਵਿਚ ਵੱਸਦਾ) ਦਿੱਸ ਰਿਹਾ ਹੈ, (ਉਸ ਦੀ ਜੀਵਨ-ਰੌ ਸਾਰੀ ਰਚਨਾ ਵਿਚ) ਸੁਣੀ ਜਾ ਰਹੀ ਹੈ, (ਉਸ ਦੇ ਕੰਮਾਂ ਤੋਂ) ਜਾਪ ਰਿਹਾ ਹੈ (ਕਿ ਉਹ ਕੁਦਰਤਿ ਵਿਚ ਮੌਜੂਦ ਹੈ, ਫਿਰ ਭੀ ਉਸ ਦੇ ਮਿਲਾਪ ਦਾ) ਸੁਆਦ (ਜੀਵ ਨੂੰ) ਹਾਸਲ ਨਹੀਂ ਹੁੰਦਾ।
5686	139	ਰੁਹਲਾ ਟੁੰਡਾ ਅੰਧੁਲਾ ਕਿਉ ਗਲਿ ਲਗੈ ਧਾਇ॥	(ਰੁਹਲਾ) ਪੈਰ ਹੀਣ ਲੂਲਾ। ਗਲ਼ਿ: ਪੋਲਾ ਬੋਲੋ	Ruhalaa Ttunddaa Andhhulaa Kio Gal Lagai Dhhaae ||	How can the lame, armless and blind person run to embrace the Lord?	(ਇਹ ਕਿਉਂ?) ਇਸ ਵਾਸਤੇ ਕਿ ਪ੍ਰਭੂ ਨੂੰ ਮਿਲਣ ਲਈ (ਜੀਵ ਦੇ) ਨਾਹ ਪੈਰ ਹਨ, ਨਾਹ ਹੱਥ ਹਨ ਤੇ ਨਾਹ ਅੱਖਾਂ ਹਨ (ਫਿਰ ਇਹ) ਕਿਵੇਂ ਭੱਜ ਕੇ (ਪ੍ਰਭੂ ਦੇ) ਗਲ ਜਾ ਲੱਗੇ?
5687	139	ਭੈ ਕੇ ਚਰਣ ਕਰ ਭਾਵ ਕੇ ਲੋਇਣ ਸੁਰਤਿ ਕਰੇਇ॥	(ਕਰ) ਹੱਥ। (ਭਾਵ) ਪ੍ਰੇਮ। ਸਿਮਰਨ ਚ ਜੁੜਨ ਰੂਪੀ (ਲੋਇਣ) ਅੱਖਾਂ (ਕਰੇ-ਇ) ਕਰੀਏ	Bhai Kae Charan Kar Bhaav Kae Loein Surath Karaee ||	Let the Fear of God be your feet, and let His Love be your hands; let His Understanding be your eyes.	ਜੇ (ਜੀਵ ਪ੍ਰਭੂ ਦੇ) ਡਰ (ਵਿਚ ਤੁਰਨ) ਨੂੰ (ਆਪਣੇ) ਪੈਰ ਬਣਾਏ, ਪਿਆਰ ਦੇ ਹੱਥ ਬਣਾਏ ਤੇ (ਪ੍ਰਭੂ ਦੀ) ਯਾਦ (ਵਿਚ ਜੁੜਨ) ਨੂੰ ਅੱਖਾਂ ਬਣਾਏ,
5688	139	ਨਾਨਕੁ ਕਹੈ ਸਿਆਣੀਏ ਇਵ ਕੰਤ ਮਿਲਾਵਾ ਹੋਇ॥੨॥		Naanak Kehai Siaaneeeae Eiv Kanth Milaavaa Hoe ||2||	Says Nanak, in this way, O wise soul-bride, you shall be united with your Husband Lord. ||2||	ਤਾਂ ਨਾਨਕ ਆਖਦਾ ਹੈ- ਹੇ ਸਿਆਣੀ (ਜੀਵ-ਇਸਤ੍ਰੀਏ)! ਇਸ ਤਰ੍ਹਾਂ ਖਸਮ-ਪ੍ਰਭੂ ਨਾਲ ਮੇਲ ਹੁੰਦਾ ਹੈ ॥੨॥
5689	139	ਪਉੜੀ॥		Pourree ||	Pauree:	

5690	139	ਸਦਾ ਸਦਾ ਤੂੰ ਏਕੁ ਹੈ ਤੁਧੁ ਦੂਜਾ ਖੇਲੁ ਰਚਾਇਆ॥		Sadhaa Sadhaa Thoon Eaek Hai Thudhh Dhoojaa Khael Rachaaeiaa ||	Forever and ever, You are the only One; You set the play of duality in motion.	(ਹੇ ਪ੍ਰਭੂ!) ਤੂੰ ਸਦਾ ਹੀ ਇਕ (ਆਪ ਹੀ ਆਪ) ਹੈਂ, ਇਹ (ਤੈਥੋਂ ਵੱਖਰਾ ਦਿੱਸਦਾ ਤਮਾਸ਼ਾ ਤੂੰ ਆਪ ਹੀ ਰਚਿਆ ਹੈ।
5691	139	ਹਉਮੈ ਗਰਬੁ ਉਪਾਇ ਕੈ ਲੋਭੁ ਅੰਤਰਿ ਜੰਤਾ ਪਾਇਆ॥		Houmai Garab Oupaae Kai Lobh Anthar Janthaa Paaeiaa ||	You created egotism and arrogant pride, and You placed greed within our beings.	(ਤੂੰ ਹੀ ਜੀਵਾਂ ਦੇ ਅੰਦਰ) ਹਉਮੈ ਅਹੰਕਾਰ ਪੈਦਾ ਕਰ ਕੇ ਜੀਵਾਂ ਦੇ ਅੰਦਰ ਲੋਭ (ਭੀ) ਪਾ ਦਿੱਤਾ ਹੈ।
5692	139	ਜਿਉ ਭਾਵੈ ਤਿਉ ਰਖੁ ਤੂ ਸਭ ਕਰੇ ਤੇਰਾ ਕਰਾਇਆ॥		Jio Bhaavai Thio Rakh Thoo Sabh Karae Thaeraa Karaaeiaa ||	Keep me as it pleases Your Will; everyone acts as You cause them to act.	(ਸੋ), ਸਾਰੇ ਜੀਵ ਤੇਰੇ ਹੀ ਪ੍ਰੇਰੇ ਹੋਏ ਕਾਰ ਕਰ ਰਹੇ ਹਨ। ਜਿਵੇਂ ਤੈਨੂੰ ਭਾਵੇ ਤਿਵੇਂ ਇਹਨਾਂ ਦੀ ਰੱਖਿਆ ਕਰ।
5693	139	ਇਕਨਾ ਬਖਸਹਿ ਮੇਲਿ ਲੈਹਿ ਗੁਰਮਤੀ ਤੁਧੈ ਲਾਇਆ॥		Eikanaa Bakhasehi Mael Laihi Guramathee Thudhhai Laaeiaa ||	Some are forgiven, and merge with You; through the Guru's Teachings, we are joined to You.	ਕਈ ਜੀਵਾਂ ਨੂੰ ਤੂੰ ਬਖ਼ਸ਼ਦਾ ਹੈਂ (ਤੇ ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈਂ, ਗੁਰੂ ਦੀ ਸਿੱਖਿਆ ਵਿਚ ਤੂੰ ਆਪ ਹੀ ਉਹਨਾਂ ਨੂੰ ਲਾਇਆ ਹੈ।
5694	139	ਇਕਿ ਖੜੇ ਕਰਹਿ ਤੇਰੀ ਚਾਕਰੀ ਵਿਣੁ ਨਾਵੈ ਹੋਰੁ ਨ ਭਾਇਆ॥	ਖੜ੍ਹੇ	Eik Kharrae Karehi Thaeree Chaakaree Vin Naavai Hor N Bhaaeiaa ||	Some stand and serve You; without the Name, nothing else pleases them.	(ਐਸੇ) ਕਈ ਜੀਵ ਸੁਚੇਤ ਹੋ ਕੇ ਤੇਰੀ ਬੰਦਗੀ ਕਰ ਰਹੇ ਹਨ। ਤੇਰੇ ਨਾਮ (ਦੀ ਯਾਦ) ਤੋਂ ਬਿਨਾ ਕੋਈ ਹੋਰ ਕੰਮ ਉਹਨਾਂ ਨੂੰ ਭਾਉਂਦਾ ਨਹੀਂ (ਭਾਵ, ਕਿਸੇ ਹੋਰ ਕੰਮ ਦੀ ਖ਼ਾਤਰ ਤੇਰਾ ਨਾਮ ਵਿਸਾਰਨ ਨੂੰ ਉਹ ਤਿਆਰ ਨਹੀਂ)।

5695	139	ਹੋਰੁ ਕਾਰ ਵੇਕਾਰ ਹੈ ਇਕਿ ਸਚੀ ਕਾਰੈ ਲਾਇਆ॥		Hor Kaar Vaekaar Hai Eik Sachee Kaarai Laaeiaa ||	Any other task would be worthless to them- You have enjoined them to Your True Service.	ਜਿਨ੍ਹਾਂ ਐਸੇ ਬੰਦਿਆਂ ਤੂੰ ਇਸ ਸੱਚੀ ਕਾਰ ਵਿਚ ਲਾਇਆ ਹੈ, ਉਹਨਾਂ ਨੂੰ (ਤੇਰਾ ਨਾਮ ਵਿਸਾਰ ਕੇ) ਕੋਈ ਹੋਰ ਕੰਮ ਕਰਨਾ ਮੰਦਾ ਲੱਗਦਾ ਹੈ।
5696	139	ਪੁਤੁ ਕਲਤੁ ਕੁਟੰਬੁ ਹੈ ਇਕਿ ਅਲਿਪਤੁ ਰਹੇ ਜੋ ਤੁਧੁ ਭਾਇਆ॥	(ਕ-ਲੱਤੁ) ਇਸਤ੍ਰੀ। (ਕੁਟੰਬੁ) ਪ੍ਰਵਾਰ। (ਅ-ਲਿਪਤੁ) ਨਿਰਲੇਪ	Puth Kalath Kuttanb Hai Eik Alipath Rehae Jo Thudhh Bhaaeiaa ||	In the midst of children, spouse and relations, some still remain detached; they are pleasing to Your Will.	ਇਹ ਜੋ ਪੁਤ੍ਰ ਇਸਤ੍ਰੀ ਤੇ ਪਰਵਾਰ ਹੈ, (ਹੇ ਪ੍ਰਭੂ!) ਜੋ ਬੰਦੇ ਤੈਨੂੰ ਪਿਆਰੇ ਲੱਗਦੇ ਹਨ, ਉਹ ਇਹਨਾਂ ਤੋਂ ਨਿਰਮੋਹ ਰਹਿੰਦੇ ਹਨ;
5697	139	ਓਹਿ ਅੰਦਰਹੁ ਬਾਹਰਹੁ ਨਿਰਮਲੇ ਸਚੈ ਨਾਇ ਸਮਾਇਆ॥੩॥		Ouhi Andharahu Baaharahu Niramalae Sachai Naae Samaaeiaa ||3||	Inwardly and outwardly, they are pure, and they are absorbed in the True Name. ||3||	ਤੇਰੇ ਸਦਾ ਕਾਇਮ ਰਹਿਣ ਵਾਲੇ ਨਾਮ ਵਿਚ ਜੁੜੇ ਹੋਏ ਉਹ ਬੰਦੇ ਅੰਦਰੋਂ ਬਾਹਰੋਂ ਸੁੱਚੇ ਰਹਿੰਦੇ ਹਨ ॥੩॥
5698	139	ਸਲੋਕੁ ਮਃ ੧॥		Salok Ma 1 ||	Shalok, First Mehl:	
5699	139	ਸੁਇਨੇ ਕੈ ਪਰਬਤਿ ਗੁਫਾ ਕਰੀ ਕੈ ਪਾਣੀ ਪਇਆਲਿ॥	(ਕੈ) ਜਾਂ, ਭਾਵੇਂ। ਪ-ਇਆਲਿ	Sueinae Kai Parabath Gufaa Karee Kai Paanee Paeiaal ||	I may make a cave, in a mountain of gold, or in the water of the nether regions;	ਮੈਂ (ਚਾਹੇ) ਸੋਨੇ ਦੇ (ਸੁਮੇਰ) ਪਰਬਤ ਉੱਤੇ ਗੁਫਾ ਬਣਾ ਲਵਾਂ, ਭਾਵੇਂ ਹੇਠਾਂ ਪਾਣੀ ਵਿਚ (ਜਾ ਰਹਾਂ);

5700	139	ਕੈ ਵਿਚਿ ਧਰਤੀ ਕੈ ਆਕਾਸੀ ਉਰਧਿ ਰਹਾ ਸਿਰਿ ਭਾਰਿ॥	(ਉਰਧਿ) ਉਲਟਾ	Kai Vich Dhharathee Kai Aakaasee Ouradhh Rehaa Sir Bhaar ||	I may remain standing on my head, upside-down, on the earth or up in the sky;	ਚਾਹੇ ਧਰਤੀ ਵਿਚ ਰਹਾਂ, ਚਾਹੇ ਆਕਾਸ਼ ਵਿਚ ਪੁੱਠਾ ਸਿਰ ਭਾਰ ਖਲੋਤਾ ਰਹਾਂ,
5701	139	ਪੁਰੁ ਕਰਿ ਕਾਇਆ ਕਪੜੁ ਪਹਿਰਾ ਧੋਵਾ ਸਦਾ ਕਾਰਿ॥	(ਪੁਰੁ) ਪੂਰਾ	Pur Kar Kaaeiaa Kaparr Pehiraa Dhhovaa Sadhaa Kaar ||	I may totally cover my body with clothes, and wash them continually;	ਭਾਵੇਂ ਸਰੀਰ ਨੂੰ ਪੂਰੇ ਤੌਰ ਤੇ ਕਪੜਾ ਪਹਿਨਾ ਲਵਾਂ (ਭਾਵ, ਕਾਪੜੀਆਂ ਵਾਂਗ ਸਰੀਰ ਨੂੰ ਮੁਕੰਮਲ ਤੌਰ ਤੇ ਕਪੜਿਆਂ ਨਾਲ ਢੱਕ ਲਵਾਂ) ਚਾਹੇ ਸਰੀਰ ਨੂੰ ਸਦਾ ਹੀ ਧੋਂਦਾ ਰਹਾਂ,
5702	139	ਬਗਾ ਰਤਾ ਪੀਅਲਾ ਕਾਲਾ ਬੇਦਾ ਕਰੀ ਪੁਕਾਰ॥	ਬੱਗਾ ਰੱਤਾ ਬੇਦਾਂ	Bagaa Rathaa Peealaa Kaalaa Baedhaa Karee Pukaar ||	I may shout out loud, the white, red, yellow and black Vedas;	ਭਾਵੇਂ ਮੈਂ ਚਿੱਟੇ ਲਾਲ ਪੀਲੇ ਜਾਂ ਕਾਲੇ ਕਪੜੇ ਪਾ ਕੇ (ਚਾਰ) ਵੇਦਾਂ ਦਾ ਉਚਾਰਨ ਕਰਾਂ,
5703	139	ਹੋਇ ਕੁਚੀਲੁ ਰਹਾ ਮਲੁ ਧਾਰੀ ਦੁਰਮਤਿ ਮਤਿ ਵਿਕਾਰ॥	ਦੁਰ-ਮੱਤਿ	Hoe Kucheel Rehaa Mal Dhhaaree Dhuramath Math Vikaar ||	I may even live in dirt and filth. And yet, all this is just a product of evil-mindedness, and intellectual corruption.	ਚਾਹੇ (ਸਰੇਵੜਿਆਂ ਵਾਂਗ) ਗੰਦਾ ਤੇ ਮੈਲਾ ਰਹਾਂ-ਇਹ ਸਾਰੇ ਭੈੜੀ ਮਤਿ ਦੇ ਮੰਦੇ ਕਰਮ ਹੀ ਹਨ।

5704	139	ਨਾ ਹਉ ਨਾ ਮੈ ਨਾ ਹਉ ਹੋਵਾ ਨਾਨਕ ਸਬਦੁ ਵੀਚਾਰਿ॥੧॥		Naa Ho Naa Mai Naa Ho Hovaa Naanak Sabadh Veechaar ||1||	I was not, I am not, and I will never be anything at all! O Nanak, I dwell only on the Word of the Shabad. ||1||	ਹੇ ਨਾਨਕ! (ਮੈਂ ਤਾਂ ਇਹ ਚਾਹੁੰਦਾ ਹਾਂ ਕਿ) (ਸਤਿਗੁਰੂ ਦੇ) ਸ਼ਬਦ ਨੂੰ ਵਿਚਾਰ ਕੇ (ਮੇਰੀ) ਹਉਮੈ ਨਾ ਰਹੇ ॥੧॥
5705	139	ਮਃ ੧॥		Ma 1 ||	First Mehl:	
5706	139	ਵਸਤ੍ਰ ਪਖਾਲਿ ਪਖਾਲੇ ਕਾਇਆ ਆਪੇ ਸੰਜਮਿ ਹੋਵੈ॥	(ਪਖਾਲਿ) ਧੋ ਕੇ	Vasathr Pakhaal Pakhaalae Kaaeiaa Aapae Sanjam Hovai ||	They wash their clothes, and scrub their bodies, and try to practice self-discipline.	(ਜੋ ਮਨੁੱਖ ਨਿੱਤ) ਕੱਪੜੇ ਧੋ ਕੇ ਸਰੀਰ ਧੋਂਦਾ ਹੈ (ਤੇ ਸਿਰਫ਼ ਕਪੜੇ ਤੇ ਸਰੀਰ ਸੁੱਚੇ ਰੱਖਣ ਨਾਲ ਹੀ) ਆਪਣੇ ਵੱਲੋਂ ਤਪਸ੍ਵੀ ਬਣ ਬੈਠਦਾ ਹੈ,
5707	139	ਅੰਤਰਿ ਮੈਲੁ ਲਗੀ ਨਹੀ ਜਾਣੈ ਬਾਹਰਹੁ ਮਲਿ ਮਲਿ ਧੋਵੈ॥		Anthar Mail Lagee Nehee Jaanai Baaharahu Mal Mal Dhhovai ||	But they are not aware of the filth staining their inner being, while they try and try to wash off the outer dirt.	(ਪਰ) ਮਨ ਵਿਚ ਲੱਗੀ ਹੋਈ ਮੈਲ ਦੀ ਉਸ ਨੂੰ ਖ਼ਬਰ ਹੀ ਨਹੀਂ, (ਸਦਾ ਸਰੀਰ ਨੂੰ) ਬਾਹਰੋਂ ਹੀ ਮਲ ਮਲ ਕੇ ਧੋਂਦਾ ਹੈ,
5708	139	ਅੰਧਾ ਭੂਲਿ ਪਇਆ ਜਮ ਜਾਲੇ॥	ਜੱਾਲੇ	Andhhaa Bhool Paeiaa Jam Jaalae ||	The blind go astray, caught by the noose of Death.	(ਉਹ) ਅੰਨ੍ਹਾ ਮਨੁੱਖ (ਸਿੱਧੇ ਰਾਹ ਤੋਂ) ਖੁੰਝ ਕੇ ਮੌਤ ਦਾ ਡਰ ਪੈਦਾ ਕਰਨ ਵਾਲੇ ਜਾਲ ਵਿਚ ਫਸਿਆ ਹੋਇਆ ਹੈ,

5709	139	ਵਸਤੁ ਪਰਾਈ ਅਪੁਨੀ ਕਰਿ ਜਾਨੈ ਹਉਮੈ ਵਿਚਿ ਦੁਖੁ ਘਾਲੇ॥		Vasath Paraaee Apunee Kar Jaanai Houmai Vich Dhukh Ghaalae ||	They see other people's property as their own, and in egotism, they suffer in pain.	ਹਉਮੈ ਵਿਚ ਦੁੱਖ ਸਹਾਰਦਾ ਹੈ ਕਿਉਂਕਿ ਪਰਾਈ ਵਸਤ (ਸਰੀਰ ਤੇ ਹੋਰ ਪਦਾਰਥ ਆਦਿਕਾਂ) ਨੂੰ ਆਪਣੀ ਸਮਝ ਬੈਠਦਾ ਹੈ।
5710	139	ਨਾਨਕ ਗੁਰਮੁਖਿ ਹਉਮੈ ਤੁਟੈ ਤਾ ਹਰਿ ਹਰਿ ਨਾਮੁ ਧਿਆਵੈ॥		Naanak Guramukh Houmai Thuttai Thaa Har Har Naam Dhhiaavai ||	O Nanak, the egotism of the Gurmukhs is broken, and then, they meditate on the Name of the Lord, Har, Har.	ਹੇ ਨਾਨਕ! (ਜਦੋਂ) ਗੁਰੂ ਦੇ ਸਨਮੁਖ ਹੋ ਕੇ (ਮਨੁੱਖ ਦੀ) ਹਉਮੈ ਦੂਰ ਹੁੰਦੀ ਹੈ, ਤਦੋਂ ਉਹ ਪ੍ਰਭੂ ਦਾ ਨਾਮ ਸਿਮਰਦਾ ਹੈ,
5711	139	ਨਾਮੁ ਜਪੇ ਨਾਮੋ ਆਰਾਧੇ ਨਾਮੇ ਸੁਖਿ ਸਮਾਵੈ॥੨॥		Naam Japae Naamo Aaraadhhae Naamae Sukh Samaavai ||2||	They chant the Naam, meditate on the Naam, and through the Naam, they are absorbed in peace. ||2||	ਨਾਮ ਜਪਦਾ ਹੈ, ਨਾਮ ਹੀ ਯਾਦ ਕਰਦਾ ਹੈ ਤੇ ਨਾਮ ਦੀ ਹੀ ਬਰਕਤਿ ਨਾਲ ਸੁਖ ਵਿਚ ਟਿਕਿਆ ਰਹਿੰਦਾ ਹੈ ॥੨॥
5712	139	ਪਵੜੀ॥		Pavarree ||	Pauree:	
5713	139	ਕਾਇਆ ਹੰਸਿ ਸੰਜੋਗੁ ਮੇਲਿ ਮਿਲਾਇਆ॥	(ਹੰਸਿ) ਜੀਵ	Kaaeiaa Hans Sanjog Mael Milaaeiaa ||	Destiny has brought together and united the body and the soul-swan.	ਸਰੀਰ ਤੇ ਜੀਵ (-ਆਤਮਾ) ਦਾ ਸੰਜੋਗ ਮਿਥ ਕੇ (ਪਰਮਾਤਮਾ ਨੇ ਇਹਨਾਂ ਨੂੰ ਮਨੁੱਖਾ-ਜਨਮ ਵਿਚ) ਇਕੱਠਾ ਕਰ ਦਿੱਤਾ ਹੈ।
5714	139	ਤਿਨ ਹੀ ਕੀਆ ਵਿਜੋਗੁ ਜਿਨਿ ਉਪਾਇਆ॥	(ਵਿਜੋਗੁ) ਵਿਛੋੜਾ	Thin Hee Keeaa Vijog Jin Oupaaeiaa ||	He who created them, also separates them.	ਜਿਸ (ਪ੍ਰਭੂ) ਨੇ (ਸਰੀਰ ਤੇ ਜੀਵ ਨੂੰ) ਪੈਦਾ ਕੀਤਾ ਹੈ ਉਸ ਨੇ ਹੀ (ਇਹਨਾਂ ਲਈ) ਵਿਛੋੜਾ (ਭੀ) ਬਣਾ ਰੱਖਿਆ ਹੈ।

5715	139	ਮੂਰਖੁ ਭੋਗੇ ਭੋਗੁ ਦੁਖ ਸਬਾਇਆ॥		Moorakh Bhogae Bhog Dhukh Sabaaeiaa ||	The fools enjoy their pleasures; they must also endure all their pains.	(ਪਰ ਇਸ ਵਿਛੋੜੇ ਨੂੰ ਭੁਲਾ ਕੇ) ਮੂਰਖ (ਜੀਵ) ਭੋਗ ਭੋਗਦਾ ਰਹਿੰਦਾ ਹੈ (ਜੋ) ਸਾਰੇ ਦੁੱਖਾਂ ਦਾ (ਮੂਲ ਬਣਦਾ) ਹੈ।
5716	139	ਸੁਖਹੁ ਉਠੇ ਰੋਗ ਪਾਪ ਕਮਾਇਆ॥		Sukhahu Outhae Rog Paap Kamaaeiaa ||	From pleasures, arise diseases and the commission of sins.	ਪਾਪ ਕਮਾਣ ਦੇ ਕਾਰਨ (ਭੋਗਾਂ ਦੇ) ਸੁਖ ਤੋਂ ਰੋਗ ਪੈਦਾ ਹੁੰਦੇ ਹਨ।
5717	139	ਹਰਖਹੁ ਸੋਗੁ ਵਿਜੋਗੁ ਉਪਾਇ ਖਪਾਇਆ॥		Harakhahu Sog Vijog Oupaae Khapaaeiaa ||	From sinful pleasures come sorrow, separation, birth and death.	(ਭੋਗਾਂ ਦੀ ਖ਼ੁਸ਼ੀ ਤੋਂ ਚਿੰਤਾ (ਤੇ ਅੰਤ ਨੂੰ) ਵਿਛੋੜਾ ਪੈਦਾ ਹੁੰਦਾ ਹੈ ਅਤੇ ਜਨਮ ਮਰਨ ਦਾ ਗੇੜ ਪੈ ਜਾਂਦਾ ਹੈ।
5718	139	ਮੂਰਖ ਗਣਤ ਗਣਾਇ ਝਗੜਾ ਪਾਇਆ॥		Moorakh Ganath Ganaae Jhagarraa Paaeiaa ||	The fools try to account for their misdeeds, and argue uselessly.	ਮੂਰਖਾਂ ਵਾਲੇ ਕੰਮ ਕਰ ਕੇ ਜਨਮ ਮਰਨ ਦਾ ਲੰਮਾ ਝੰਬੇਲਾ ਸਹੇੜ ਲੈਂਦਾ ਹੈ।
5719	139	ਸਤਿਗੁਰ ਹਥਿ ਨਿਬੇੜੁ ਝਗੜੁ ਚੁਕਾਇਆ॥		Sathigur Hathh Nibaerr Jhagarr Chukaaeiaa ||	The judgement is in the Hands of the True Guru, who puts an end to the argument.	(ਜਨਮ ਮਰਨ ਦੇ ਗੇੜ ਨੂੰ ਮੁਕਾਣ ਦੀ ਤਾਕਤ ਸਤਿਗੁਰੂ ਦੇ ਹੱਥ ਵਿਚ ਹੈ, (ਜਿਸ ਨੂੰ ਗੁਰੂ ਮਿਲਦਾ ਹੈ ਉਸ ਦਾ ਇਹ) ਝੰਬੇਲਾ ਮੁੱਕ ਜਾਂਦਾ ਹੈ।
5720	139	ਕਰਤਾ ਕਰੇ ਸੁ ਹੋਗੁ ਨ ਚਲੈ ਚਲਾਇਆ॥੪॥	ਚੱਲੈ	Karathaa Karae S Hog N Chalai Chalaaeiaa ||4||	Whatever the Creator does, comes to pass. It cannot be changed by anyone's efforts. ||4||	(ਜੀਵਾਂ ਦੀ ਕੋਈ) ਆਪਣੀ ਚਲਾਈ ਸਿਆਣਪ ਚੱਲ ਨਹੀਂ ਸਕਦੀ, ਜੋ ਕਰਤਾਰ ਕਰਦਾ ਹੈ ਉਹੀ ਹੁੰਦਾ ਹੈ ॥੪॥
5721	139	ਸਲੋਕੁ ਮਃ ੧॥		Salok Ma 1 ||	Shalok, First Mehl:	

5722	139	ਕੂੜੁ ਬੋਲਿ ਮੁਰਦਾਰੁ ਖਾਇ॥		Koorr Bol Muradhaar Khaae ||	Telling lies, they eat dead bodies.	(ਜੋ ਮਨੁੱਖ) ਝੂਠ ਬੋਲ ਕੇ (ਆਪ ਤਾਂ) ਦੂਜਿਆਂ ਦਾ ਹੱਕ ਖਾਂਦਾ ਹੈ,
5723	140	ਅਵਰੀ ਨੋ ਸਮਝਾਵਣਿ ਜਾਇ॥		Avaree No Samajhaavan Jaae ||	And yet, they go out to teach others.	ਤੇ ਹੋਰਨਾਂ ਨੂੰ ਸਿੱਖਿਆ ਦੇਣ ਜਾਂਦਾ ਹੈ (ਕਿ ਝੂਠ ਨਾਹ ਬੋਲੋ)।
5724	140	ਮੁਠਾ ਆਪਿ ਮੁਹਾਏ ਸਾਥੈ॥	(ਮੁੱਠਾ) ਠੱਗਿਆ। (ਮੁਹਾਏ) ਠਗਾਏ (ਸਾਥੈ) ਸਾਥੀਆਂ ਨੂੰ	Muthaa Aap Muhaaeae Saathhai ||	They are deceived, and they deceive their companions.	(ਉਹ) ਆਪ ਤਾਂ ਠੱਗਿਆ ਜਾ ਹੀ ਰਿਹਾ ਹੈ, ਆਪਣੇ ਸਾਥ ਨੂੰ ਭੀ ਲੁਟਾਂਦਾ ਹੈ।
5725	140	ਨਾਨਕ ਐਸਾ ਆਗੂ ਜਾਪੈ॥੧॥	(ਜਾਪੈ) ਜਾਪਦਾ, ਜਾਣਿਆ ਜਾਂਦਾ	Naanak Aisaa Aagoo Jaapai ||1||	O Nanak, such are the leaders of men. ||1||	ਹੇ ਨਾਨਕ! ਅਜੇਹਾ ਆਗੂ (ਅੰਤ ਇਉਂ) ਉੱਘੜਦਾ ਹੈ ॥੧॥
5726	140	ਮਹਲਾ ੪॥		Mehalaa 4 ||	Fourth Mehl:	
5727	140	ਜਿਸ ਦੈ ਅੰਦਰਿ ਸਚੁ ਹੈ ਸੋ ਸਚਾ ਨਾਮੁ ਮੁਖਿ ਸਚੁ ਅਲਾਏ॥	(ਅਲਾਏ) ਉਚਾਰਦਾ	Jis Dhai Andhar Sach Hai So Sachaa Naam Mukh Sach Alaaeae ||	Those, within whom the Truth dwells, obtain the True Name; they speak only the Truth.	ਜਿਸ ਮਨੁੱਖ ਦੇ ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਵੱਸਦਾ ਹੈ, ਮੂੰਹੋਂ (ਭੀ) ਸਦਾ-ਥਿਰ ਰਹਿਣ ਵਾਲਾ ਸੱਚਾ ਨਾਮ ਹੀ ਬੋਲਦਾ ਹੈ।
5728	140	ਓਹੁ ਹਰਿ ਮਾਰਗਿ ਆਪਿ ਚਲਦਾ ਹੋਰਨਾ ਨੋ ਹਰਿ ਮਾਰਗਿ ਪਾਏ॥		Ouhu Har Maarag Aap Chaladhaa Horanaa No Har Maarag Paaeae ||	They walk on the Lord's Path, and inspire others to walk on the Lord's Path as well.	ਉਹ ਆਪ ਪਰਮਾਤਮਾ ਦੇ ਰਾਹ ਤੇ ਤੁਰਦਾ ਹੈ ਤੇ ਹੋਰਨਾਂ ਨੂੰ ਭੀ ਤੇ ਦੇ ਰਾਹ ਪ੍ਰਭੂ ਤੋਰਦਾ ਹੈ।

5729	140	ਜੇ ਅਗੈ ਤੀਰਥੁ ਹੋਇ ਤਾ ਮਲੁ ਲਹੈ ਛਪੜਿ ਨਾਤੈ ਸਗਵੀ ਮਲੁ ਲਾਏ॥	ਨ੍ਹਾਤੈ	Jae Agai Theerathh Hoe Thaa Mal Lehai Shhaparr Naathai Sagavee Mal Laaeae ||	Bathing in a pool of holy water, they are washed clean of filth. But, by bathing in a stagnant pond, they are contaminated with even more filth.	(ਜਿੱਥੇ ਨ੍ਹਾਉਣ ਜਾਈਏ) ਜੇ ਉੱਥੇ ਖੁਲ੍ਹੇ ਸਾਫ਼ ਪਾਣੀ ਦਾ ਸੋਮਾ ਹੋਵੇ ਤਾਂ (ਨ੍ਹਾਉਣ ਵਾਲੇ ਦੀ) ਮੈਲ ਲਹਿ ਜਾਂਦੀ ਹੈ, ਪਰ ਛੱਪੜ ਵਿਚ ਨ੍ਹਾਤਿਆਂ ਸਗੋਂ ਹੋਰ ਮੈਲ ਵਧਦੀ ਹੈ।
5730	140	ਤੀਰਥੁ ਪੂਰਾ ਸਤਿਗੁਰੂ ਜੋ ਅਨ ਦਿਨੁ ਹਰਿ ਹਰਿ ਨਾਮੁ ਧਿਆਏ॥		Theerathh Pooraa Sathiguroo Jo Anadhin Har Har Naam Dhhiaaeae ||	The True Guru is the Perfect Pool of Holy Water. Night and day, He meditates on the Name of the Lord, Har, Har.	(ਇਹੀ ਨੇਮ ਸਮਝੋ ਮਨ ਦੀ ਮੈਲ ਧੋਣ ਲਈ), ਪੂਰਾ ਗੁਰੂ ਜੋ ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਦਾ ਹੈ (ਮਾਨੋ) ਖੁਲ੍ਹੇ ਸਾਫ਼ ਪਾਣੀ ਦਾ ਸੋਮਾ ਹੈ।
5731	140	ਓਹੁ ਆਪਿ ਛੁਟਾ ਕੁਟੰਬ ਸਿਉ ਦੇ ਹਰਿ ਹਰਿ ਨਾਮੁ ਸਭ ਸ੍ਰਿਸਟਿ ਛਡਾਏ॥	ਛੁੱਟਾ। ਸ੍ਰਿ ਸਟਿ	Ouhu Aap Shhuttaa Kuttanb Sio Dhae Har Har Naam Sabh Srisatt Shhaddaaeae ||	He is saved, along with his family; bestowing the Name of the Lord, Har, Har, He saves the whole world.	ਉਹ ਆਪ ਆਪਣੇ ਪਰਵਾਰ ਸਮੇਤ ਵਿਕਾਰਾਂ ਤੋਂ ਬਚਿਆ ਹੋਇਆ ਹੈ, ਪਰਮਾਤਮਾ ਦਾ ਨਾਮ ਦੇ ਕੇ ਉਹ ਸਾਰੀ ਸ੍ਰਿਸ਼ਟੀ ਨੂੰ ਵੀ ਬਚਾਂਦਾ ਹੈ।
5732	140	ਜਨ ਨਾਨਕ ਤਿਸੁ ਬਲਿਹਾਰਣੈ ਜੋ ਆਪਿ ਜਪੈ ਅਵਰਾ ਨਾਮੁ ਜਪਾਏ॥੨॥		Jan Naanak This Balihaaranai Jo Aap Japai Avaraa Naam Japaaeae ||2||	Servant Nanak is a sacrifice to one who himself chants the Naam, and inspires others to chant it as well. ||2||	ਹੇ ਦਾਸ ਨਾਨਕ! (ਆਖ-ਮੈਂ) ਉਸ ਤੋਂ ਸਦਕੇ ਹਾਂ, ਜੋ ਆਪ (ਪ੍ਰਭੂ ਦਾ) ਨਾਮ ਜਪਦਾ ਹੈ ਤੇ ਹੋਰਨਾਂ ਨੂੰ ਜਪਾਂਦਾ ਹੈ ॥੨॥

5733	140	ਪਉੜੀ॥		Pourree ||	Pauree:	
5734	140	ਇਕਿ ਕੰਦ ਮੂਲੁ ਚੁਣਿ ਖਾਹਿ ਵਣ ਖੰਡਿ ਵਾਸਾ॥	(ਕੰਦ ਮੂਲੁ) ਜ਼ਮੀਨ ਚ ਪੈਦਾ ਹੋਣ ਵਾਲੇ ਫਲ਼ ਸਬਜੀ	Eik Kandh Mool Chun Khaahi Van Khandd Vaasaa ||	Some pick and eat fruits and roots, and live in the wilderness.	ਕਈ ਬੰਦੇ ਮੂਲੀ ਆਦਿਕ ਪੁਟ ਕੇ ਖਾਂਦੇ ਹਨ (ਮੂਲੀ ਆਦਿਕ ਖਾ ਕੇ ਗੁਜ਼ਾਰਾ ਕਰਦੇ ਹਨ) ਤੇ ਜੰਗਲ ਦੇ ਗੋਸ਼ੇ ਵਿਚ ਜਾ ਰਹਿੰਦੇ ਹਨ।
5735	140	ਇਕਿ ਭਗਵਾ ਵੇਸੁ ਕਰਿ ਫਿਰਹਿ ਜੋਗੀ ਸੰਨਿਆਸਾ॥		Eik Bhagavaa Vaes Kar Firehi Jogee Sanniaasaa ||	Some wander around wearing saffron robes, as Yogis and Sanyaasees.	ਕਈ ਲੋਕ ਭਗਵੇ ਕੱਪੜੇ ਪਾ ਕੇ ਜੋਗੀ ਤੇ ਸੰਨਿਆਸੀ ਬਣ ਕੇ ਫਿਰਦੇ ਹਨ।
5736	140	ਅੰਦਰਿ ਤ੍ਰਿਸਨਾ ਬਹੁਤੁ ਛਾਦਨ ਭੋਜਨ ਕੀ ਆਸਾ॥	(ਛਾਦਨ) ਕੱਪੜੇ	Andhar Thrisanaa Bahuth Shhaadhan Bhojan Kee Aasaa ||	But there is still so much desire within them-they still yearn for clothes and food.	(ਪਰ ਉਹਨਾਂ ਦੇ) ਮਨ ਵਿਚ ਬਹੁਤ ਲਾਲਚ ਹੁੰਦਾ ਹੈ, ਕੱਪੜੇ ਤੇ ਭੋਜਨ ਦੀ ਲਾਲਸਾ ਟਿਕੀ ਰਹਿੰਦੀ ਹੈ।
5737	140	ਬਿਰਥਾ ਜਨਮੁ ਗਵਾਇ ਨ ਗਿਰਹੀ ਨ ਉਦਾਸਾ॥		Birathhaa Janam Gavaae N Girehee N Oudhaasaa ||	They waste their lives uselessly; they are neither householders nor renunciates.	(ਇਸ ਤਰ੍ਹਾਂ) ਅਜਾਈਂ ਮਨੁੱਖਾ ਜਨਮ ਗਵਾ ਕੇ ਨਾਹ ਉਹ ਗ੍ਰਿਹਸਤੀ ਰਹਿੰਦੇ ਹਨ ਤੇ ਨਾਹ ਹੀ ਫ਼ਕੀਰ।
5738	140	ਜਮਕਾਲੁ ਸਿਰਹੁ ਨ ਉਤਰੈ ਤ੍ਰਿਬਿਧਿ ਮਨਸਾ॥	(ਤਰ੍ਿ-ਬਿਧਿ) ਤਿੰਨ ਗੁਣਾਂ ਰਜੋ ਤਮੋ ਸਤੋ ਵਾਲੀ (ਮਨਸਾ) ਵਾਸਨਾ, ਇੱਛਾ	Jamakaal Sirahu N Outharai Thribidhh Manasaa ||	The Messenger of Death hangs over their heads, and they cannot escape the three-phased desire.	(ਉਹਨਾਂ ਦੇ ਅੰਦਰ) ਤ੍ਰਿਗੁਣੀ (ਮਾਇਆ ਦੀ) ਲਾਲਸਾ ਹੋਣ ਦੇ ਕਾਰਨ ਆਤਮਕ ਮੌਤ ਉਹਨਾਂ ਦੇ ਸਿਰ ਤੋਂ ਟਲਦੀ ਨਹੀਂ ਹੈ।

5739	140	ਗੁਰਮਤੀ ਕਾਲੁ ਨ ਆਵੈ ਨੇੜੈ ਜਾ ਹੋਵੈ ਦਾਸਨਿ ਦਾਸਾ॥		Guramathee Kaal N Aavai Naerrai Jaa Hovai Dhaasan Dhaasaa ||	Death does not even approach those who follow the Guru's Teachings, and become the slaves of the Lord's slaves.	ਜਦੋਂ ਮਨੁੱਖ (ਪ੍ਰਭੂ ਦੇ) ਸੇਵਕਾਂ ਦਾ ਸੇਵਕ ਬਣ ਜਾਂਦਾ ਹੈ, ਤਾਂ ਸਤਿਗੁਰੂ ਦੀ ਸਿੱਖਿਆ ਤੇ ਤੁਰ ਕੇ ਆਤਮਕ ਮੌਤ ਉਸਦੇ ਨੇੜੇ ਨਹੀਂ ਆਉਂਦੀ।
5740	140	ਸਚਾ ਸਬਦੁ ਸਚੁ ਮਨਿ ਘਰ ਹੀ ਮਾਹਿ ਉਦਾਸਾ॥		Sachaa Sabadh Sach Man Ghar Hee Maahi Oudhaasaa ||	The True Word of the Shabad abides in their true minds; within the home of their own inner beings, they remain detached.	ਗੁਰੂ ਦਾ ਸੱਚਾ ਸਬਦ ਤੇ ਪ੍ਰਭੂ (ਉਸ ਦੇ) ਮਨ ਵਿਚ ਹੋਣ ਕਰਕੇ ਉਹ ਗ੍ਰਿਹਸਤ ਵਿਚ ਰਹਿੰਦਾ ਹੋਇਆ ਹੀ ਤਿਆਗੀ ਹੈ।
5741	140	ਨਾਨਕ ਸਤਿਗੁਰੁ ਸੇਵਨਿ ਆਪਣਾ ਸੇ ਆਸਾ ਤੇ ਨਿਰਾਸਾ॥੫॥		Naanak Sathigur Saevan Aapanaa Sae Aasaa Thae Niraasaa ||5||	O Nanak, those who serve their True Guru, rise from desire to desirelessness. ||5||	ਹੇ ਨਾਨਕ! ਜੋ ਮਨੁੱਖ ਆਪਣੇ ਗੁਰੂ ਦੇ ਹੁਕਮ ਵਿਚ ਤੁਰਦੇ ਹਨ, ਉਹ (ਦੁਨੀਆ ਦੀਆਂ) ਲਾਲਸਾ ਤੋਂ ਉਪਰਾਮ ਹੋ ਜਾਂਦੇ ਹਨ ॥੫॥
5742	140	ਸਲੋਕੁ ਮਃ ੧॥		Salok Ma 1 ||	Shalok, First Mehl:	
5743	140	ਜੇ ਰਤੁ ਲਗੈ ਕਪੜੈ ਜਾਮਾ ਹੋਇ ਪਲੀਤੁ॥	(ਰੱਤੁ) ਲਹੂ। (ਜਾਮਾ) ਕੱਪੜਾ। (ਪਲੀਤੁ) ਅਪਵਿੱਤ੍ਰ	Jae Rath Lagai Kaparrai Jaamaa Hoe Paleeth ||	If one's clothes are stained with blood, the garment becomes polluted.	ਜੇ ਜਾਮੇ ਨੂੰ ਲਹੂ ਲੱਗ ਜਾਵੇ, ਤਾਂ ਜਾਮਾ ਪਲੀਤ ਹੋ ਜਾਂਦਾ ਹੈ (ਤੇ ਨਮਾਜ਼ ਨਹੀਂ ਹੋ ਸਕਦੀ),

5744	140	ਜੋ ਰਤੁ ਪੀਵਹਿ ਮਾਣਸਾ ਤਿਨ ਕਿਉ ਨਿਰਮਲੁ ਚੀਤੁ॥	ਰੱਤੁ	Jo Rath Peevehi Maanasaa Thin Kio Niramal Cheeth ||	Those who suck the blood of human beings-how can their consciousness be pure?	(ਪਰ) ਜੋ ਬੰਦੇ ਮਨੁੱਖਾਂ ਦਾ ਲਹੂ ਪੀਂਦੇ ਹਨ (ਭਾਵ, ਧੱਕਾ ਕਰ ਕੇ ਹਰਾਮ ਦੀ ਕਮਾਈ ਖਾਂਦੇ ਹਨ) ਉਹਨਾਂ ਦਾ ਮਨ ਕਿਵੇਂ ਪਾਕ (ਸਾਫ਼) ਰਹਿ ਸਕਦਾ ਹੈ (ਤੇ ਪਲੀਤ ਮਨ ਨਾਲ ਨਮਾਜ਼ ਪੜ੍ਹੀ ਕਿਵੇਂ ਕਬੂਲ ਹੈ)?
5745	140	ਨਾਨਕ ਨਾਉ ਖੁਦਾਇ ਕਾ ਦਿਲਿ ਹਛੈ ਮੁਖਿ ਲੇਹੁ॥		Naanak Naao Khudhaae Kaa Dhil Hashhai Mukh Laehu ||	O Nanak, chant the Name of God, with heart-felt devotion.	ਹੇ ਨਾਨਕ! ਰੱਬ ਦਾ ਨਾਮ ਮੂੰਹੋਂ ਸਾਫ਼ ਦਿਲ ਨਾਲ ਲੈ,
5746	140	ਅਵਰਿ ਦਿਵਾਜੇ ਦੁਨੀ ਕੇ ਝੂਠੇ ਅਮਲ ਕਰੇਹੁ॥੧॥	(ਦਿਵਾਜੇ) ਦਿਖਾਵੇ। (ਅਮਲ) ਕੰਮ	Avar Dhivaajae Dhunee Kae Jhoothae Amal Karaehu ||1||	Everything else is just a pompous worldly show, and the practice of false deeds. ||1||	(ਇਸ ਤੋਂ ਬਿਨਾ) ਹੋਰ ਕੰਮ ਦੁਨੀਆ ਵਾਲੇ ਵਿਖਾਵੇ ਹਨ। ਇਹ ਤਾਂ ਤੁਸੀ ਕੂੜੇ ਕੰਮ ਹੀ ਕਰਦੇ ਹੋ ॥੧॥
5747	140	ਮਃ ੧॥		Ma 1 ||	First Mehl:	
5748	140	ਜਾ ਹਉ ਨਾਹੀ ਤਾ ਕਿਆ ਆਖਾ ਕਿਹੁ ਨਾਹੀ ਕਿਆ ਹੋਵਾ॥		Jaa Ho Naahee Thaa Kiaa Aakhaa Kihu Naahee Kiaa Hovaa ||	Since I am no one, what can I say? Since I am nothing, what can I be?	ਜਦੋਂ ਮੈਂ ਹਾਂ ਹੀ ਕੁਝ ਨਹੀਂ (ਭਾਵ, ਮੇਰੀ ਆਤਮਕ ਹਸਤੀ ਹੀ ਕੁਝ ਨਹੀਂ ਬਣੀ), ਤਾਂ ਮੈਂ (ਹੋਰਨਾਂ ਨੂੰ) ਉਪਦੇਸ਼ ਕੀਹ ਕਰਾਂ? (ਅੰਦਰ) ਕੋਈ ਆਤਮਕ ਗੁਣ ਨਾਹ ਹੁੰਦਿਆਂ ਕਿਤਨਾ ਕੁਝ ਬਣ ਬਣ ਕੇ ਵਿਖਾਵਾਂ?

5749	140	ਕੀਤਾ ਕਰਣਾ ਕਹਿਆ ਕਥਨਾ ਭਰਿਆ ਭਰਿ ਭਰਿ ਧੋਵਾਂ॥		Keethaa Karanaa Kehiaa Kathhanaa Bhariaa Bhar Bhar Dhhovaan ||	As He created me, so I act. As He causes me to speak, so I speak. I am full and overflowing with sins- if only I could wash them away!	ਮੇਰਾ ਕੰਮ-ਕਾਰ, ਮੇਰਾ ਬੋਲ-ਚਾਲ-ਇਹਨਾਂ ਦੀ ਰਾਹੀਂ (ਮੰਦੇ ਸੰਸਕਾਰਾਂ ਨਾਲ) ਭਰਿਆ ਹੋਇਆ ਕਦੇ ਮੰਦੇ ਪਾਸੇ ਡਿੱਗਦਾ ਹਾਂ ਤੇ (ਕਦੇ ਫੇਰ ਮਨ ਨੂੰ) ਧੋਣ ਦਾ ਜਤਨ ਕਰਦਾ ਹਾਂ।
5750	140	ਆਪਿ ਨ ਬੁਝਾ ਲੋਕ ਬੁਝਾਈ ਐਸਾ ਆਗੂ ਹੋਵਾਂ॥	ਬੁੱਝਾਂ ਬੁੱਝਾਈ	Aap N Bujhaa Lok Bujhaaee Aisaa Aagoo Hovaan ||	I do not understand myself, and yet I try to teach others. Such is the guide I am!	ਜਦੋਂ ਮੈਨੂੰ ਆਪ ਨੂੰ ਹੀ ਸਮਝ ਨਹੀਂ ਆਈ ਤੇ ਲੋਕਾਂ ਨੂੰ ਰਾਹ ਦੱਸਦਾ ਹਾਂ, (ਇਸ ਹਾਲਤ ਵਿਚ) ਹਾਸੋ-ਹੀਣਾ ਆਗੂ ਹੀ ਬਣਦਾ ਹਾਂ।
5751	140	ਨਾਨਕ ਅੰਧਾ ਹੋਇ ਕੈ ਦਸੇ ਰਾਹੈ ਸਭਸੁ ਮੁਹਾਏ ਸਾਥੈ॥	(ਮੁਹਾਏ) ਠੱਗਾਏ (ਸਾਥੈ) ਸਾਥੀਆਂ ਨੂੰ। ਦੱਸੇ	Naanak Andhhaa Hoe Kai Dhasae Raahai Sabhas Muhaaeae Saathhai ||	O Nanak, the one who is blind shows others the way, and misleads all his companions.	ਹੇ ਨਾਨਕ! ਜੋ ਮਨੁੱਖ ਆਪ ਅੰਨ੍ਹਾ ਹੈ, ਪਰ ਹੋਰਨਾਂ ਨੂੰ ਰਾਹ ਦੱਸਦਾ ਹੈ, ਉਹ ਸਾਰੇ ਸਾਥ ਨੂੰ ਲੁਟਾ ਦੇਂਦਾ ਹੈ।
5752	140	ਅਗੈ ਗਇਆ ਮੁਹੇ ਮੁਹਿ ਪਾਹਿ ਸੁ ਐਸਾ ਆਗੂ ਜਾਪੈ॥੨॥	ਗਇਆ	Agai Gaeiaa Muhae Muhi Paahi S Aisaa Aagoo Jaapai ||2||	But, going to the world hereafter, he shall be beaten and kicked in the face; then, it will be obvious, what sort of guide he was! ||2||	ਅੱਗੇ ਚੱਲ ਕੇ ਮੂੰਹੋਂ ਮੂੰਹ ਉਸ ਨੂੰ (ਜੁੱਤੀਆਂ) ਪੈਂਦੀਆਂ ਹਨ, ਤਦੋਂ ਅਜੇਹਾ ਆਗੂ (ਅਸਲ ਰੂਪ ਵਿਚ) ਉੱਘੜਦਾ ਹੈ ॥੨॥
5753	140	ਪਉੜੀ॥		Pourree ||	Pauree:	

5754	140	ਮਾਹਾ ਰੁਤੀ ਸਭ ਤੂੰ ਘੜੀ ਮੂਰਤ ਵੀਚਾਰਾ॥	(ਮਾਹਾ) ਮਹੀਨੇ। (ਵੀਚਾਰਾ) ਸਿਮਰਨਾ	Maahaa Ruthee Sabh Thoon Gharree Moorath Veechaaraa ||	Through all the months and the seasons, the minutes and the hours, I dwell upon You, O Lord.	(ਹੇ ਪ੍ਰਭੂ!) ਸਭ ਮਹੀਨਿਆਂ ਰੁੱਤਾਂ ਘੜੀਆਂ ਤੇ ਮੁਹੂਰਤਾਂ ਵਿਚ ਤੈਨੂੰ ਸਿਮਰਿਆ ਜਾ ਸਕਦਾ ਹੈ (ਭਾਵ, ਤੇਰੇ ਸਿਮਰਨ ਲਈ ਕੋਈ ਖ਼ਾਸ ਰੁੱਤ ਜਾਂ ਥਿੱਤ ਨਹੀਂ ਹੈ)।
5755	140	ਤੂੰ ਗਣਤੈ ਕਿਨੈ ਨ ਪਾਇਓ ਸਚੇ ਅਲਖ ਅਪਾਰਾ॥	(ਗਣਤੈ) ਗਿਣਤੀਆਂ ਨਾਲ। ਅ-ਲਖ: ਪੋਲਾ ਬੋਲੋ	Thoon Ganathai Kinai N Paaeiou Sachae Alakh Apaaraa ||	No one has attained You by clever calculations, O True, Unseen and Infinite Lord.	ਹੇ ਅਦ੍ਰਿਸ਼ਟ ਤੇ ਬੇਅੰਤ ਪ੍ਰਭੂ! ਥਿੱਤਾਂ ਦਾ ਲੇਖਾ ਗਿਣ ਕੇ ਕਿਸੇ ਨੇ ਭੀ ਤੈਨੂੰ ਨਹੀਂ ਲੱਭਿਆ।
5756	140	ਪੜਿਆ ਮੂਰਖੁ ਆਖੀਐ ਜਿਸੁ ਲਬੁ ਲੋਭੁ ਅਹੰਕਾਰਾ॥	ਪੜ੍ਹਿਆ, ਅਹੰ-ਕਾਰਾ	Parriaa Moorakh Aakheeai Jis Lab Lobh Ahankaaraa ||	That scholar who is full of greed, arrogant pride and egotism, is known to be a fool.	ਇਹੋ ਜਿਹੀ (ਥਿੱਤਾਂ ਦੀ ਵਿੱਦਿਆ) ਪੜ੍ਹੇ ਹੋਏ ਨੂੰ ਮੂਰਖ ਆਖਣਾ ਚਾਹੀਦਾ ਹੈ ਕਿਉਂਕਿ ਉਸ ਦੇ ਅੰਦਰ ਲੋਭ ਤੇ ਅਹੰਕਾਰ ਹੈ।
5757	140	ਨਾਉ ਪੜੀਐ ਨਾਉ ਬੁਝੀਐ ਗੁਰਮਤੀ ਵੀਚਾਰਾ॥	ਪੜ੍ਹੀਐ ਬੁੱਝੀਐ	Naao Parreeai Naao Bujheeai Guramathee Veechaaraa ||	So read the Name, and realize the Name, and contemplate the Guru's Teachings.	(ਕਿਸੇ ਥਿੱਤ ਮੁਹੂਰਤ ਦੇ ਭਰਮ ਦੀ ਲੋੜ ਨਹੀਂ, ਸਿਰਫ਼) ਸਤਿਗੁਰੂ ਦੀ ਦਿੱਤੀ ਮਤਿ ਨੂੰ ਵਿਚਾਰ ਕੇ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ ਤੇ (ਉਸ ਵਿਚ) ਸੁਰਤ ਜੋੜਨੀ ਚਾਹੀਦੀ ਹੈ।

5758	140	ਗੁਰਮਤੀ ਨਾਮੁ ਧਨੁ ਖਟਿਆ ਭਗਤੀ ਭਰੇ ਭੰਡਾਰਾ॥	ਖੱਟਿਆ	Guramathee Naam Dhhan Khattiaa Bhagathee Bharae Bhanddaaraa ||	Through the Guru's Teachings, I have earned the wealth of the Naam; I possess the storehouses, overflowing with devotion to the Lord.	ਜਿਨ੍ਹਾਂ ਨੇ ਗੁਰੂ ਦੀ ਸਿੱਖਿਆ ਤੇ ਤੁਰ ਕੇ ਨਾਮ-ਰੂਪ ਧਨ ਕਮਾਇਆ ਹੈ, ਉਹਨਾਂ ਦੇ ਖ਼ਜ਼ਾਨੇ ਭਗਤੀ ਨਾਲ ਭਰ ਗਏ ਹਨ।
5759	140	ਨਿਰਮਲੁ ਨਾਮੁ ਮੰਨਿਆ ਦਰਿ ਸਚੈ ਸਚਿਆਰਾ॥		Niramal Naam Manniaa Dhar Sachai Sachiaaraa ||	Believing in the Immaculate Naam, one is hailed as true, in the True Court of the Lord.	ਜਿਨ੍ਹਾਂ ਪ੍ਰਭੂ ਦਾ ਪਵਿਤ੍ਰ ਨਾਮ ਕਬੂਲ ਕੀਤਾ ਹੈ, ਉਹ ਪ੍ਰਭੂ ਦੇ ਦਰ ਤੇ ਸੁਰਖ਼ਰੂ ਹੁੰਦੇ ਹਨ।
5760	140	ਜਿਸ ਦਾ ਜੀਉ ਪਰਾਣੁ ਹੈ ਅੰਤਰਿ ਜੋਤਿ ਅਪਾਰਾ॥		Jis Dhaa Jeeo Paraan Hai Anthar Joth Apaaraa ||	The Divine Light of the Infinite Lord, who owns the soul and the breath of life, is deep within the inner being.	ਤੇਰੇ ਹੀ ਬਖ਼ਸ਼ੇ ਹੋਏ ਜਿੰਦ ਪ੍ਰਾਣ ਹਰੇਕ ਜੀਵ ਨੂੰ ਮਿਲੇ ਹਨ, ਤੇਰੀ ਹੀ ਅਪਾਰ ਜੋਤਿ ਹਰੇਕ ਜੀਵ ਦੇ ਅੰਦਰ ਹੈ।
5761	140	ਸਚਾ ਸਾਹੁ ਇਕੁ ਤੂੰ ਹੋਰੁ ਜਗਤੁ ਵਣਜਾਰਾ॥੬॥	ਜੱਗ-ਤੁ	Sachaa Saahu Eik Thoon Hor Jagath Vanajaaraa ||6||	You alone are the True Banker, O Lord; the rest of the world is just Your petty trader. ||6||	ਹੇ ਪ੍ਰਭੂ! ਤੂੰ ਸਦਾ ਟਿਕੇ ਰਹਿਣ ਵਾਲਾ ਸ਼ਾਹ ਹੈਂ, ਹੋਰ ਸਾਰਾ ਜਗਤ ਵਣਜਾਰਾ ਹੈ (ਭਾਵ, ਹੋਰ ਸਾਰੇ ਜੀਵ ਇਥੇ, ਮਾਨੋ, ਫੇਰੀ ਲਾ ਕੇ ਸਉਦਾ ਕਰਨ ਆਏ ਹਨ) ॥੬॥
5762	140	ਸਲੋਕੁ ਮਃ ੧॥		Salok Ma 1 ||	Shalok, First Mehl:	

5763	140	ਮਿਹਰ ਮਸੀਤਿ ਸਿਦਕੁ ਮੁਸਲਾ ਹਕੁ ਹਲਾਲੁ ਕੁਰਾਣੁ॥	(ਮਿਹਰ) ਦਇਆ। (ਸਿਦਕੁ) ਸੱਚੇ-ਭਰੋਸੇ ਨੂੰ (ਮੁਸੱਲਾ) ਬੈਠਕੇ ਨਮਾਜ਼ ਪੜਨ ਵਾਲੀ ਸਫ਼ ਬਣਾਉਣਾ ਕਰ। ਹੱਕੁ	Mihar Maseeth Sidhak Musalaa Hak Halaal Kuraan ||	Let mercy be your mosque, faith your prayer-mat, and honest living your Koran.	(ਲੋਕਾਂ ਉੱਤੇ) ਤਰਸ ਦੀ ਮਸੀਤ (ਬਣਾਓ), ਸਰਧਾ ਨੂੰ ਮੁਸੱਲਾ ਤੇ ਹੱਕ ਦੀ ਕਮਾਈ ਨੂੰ ਕੁਰਾਨ (ਬਣਾਓ)।
5764	140	ਸਰਮ ਸੁੰਨਤਿ ਸੀਲੁ ਰੋਜਾ ਹੋਹੁ ਮੁਸਲਮਾਣੁ॥	ਸੁੰਨਤਿ: ਟਿੱਪੀ ਬੋਲੋ। ਰੋੱਜਾ	Saram Sunnath Seel Rojaa Hohu Musalamaan ||	Make modesty your circumcision, and good conduct your fast. In this way, you shall be a true Muslim.	ਵਿਕਾਰ ਕਰਨ ਵਲੋਂ ਝੱਕਣਾ-ਇਹ ਸੁੰਨਤ ਹੋਵੇ, ਚੰਗਾ ਸੁਭਾਉ ਰੋਜ਼ਾ ਬਣੇ। ਇਸ ਤਰ੍ਹਾਂ (ਹੇ ਭਾਈ!) ਮੁਸਲਮਾਨ ਬਣ।
5765	140	ਕਰਣੀ ਕਾਬਾ ਸਚੁ ਪੀਰੁ ਕਲਮਾ ਕਰਮ ਨਿਵਾਜ॥	ਕੱਾਬਾ	Karanee Kaabaa Sach Peer Kalamaa Karam Nivaaj ||	Let good conduct be your Kaabaa, Truth your spiritual guide, and the karma of good deeds your prayer and chant.	ਉੱਚਾ ਆਚਰਣ ਕਾਬਾ ਹੋਵੇ, ਅੰਦਰੋਂ ਬਾਹਰੋਂ ਇਕੋ ਜਿਹੇ ਰਹਿਣਾ-ਪੀਰ ਹੋਵੇ, ਨੇਕ ਅਮਲਾਂ ਦੀ ਨਿਮਾਜ਼ ਤੇ ਕਲਮਾ ਬਣੇ।
5766	140	ਤਸਬੀ ਸਾ ਤਿਸੁ ਭਾਵਸੀ ਨਾਨਕ ਰਖੈ ਲਾਜ॥੧॥	(ਤਸਬੀ) ਮਾਲ਼ਾ	Thasabee Saa This Bhaavasee Naanak Rakhai Laaj ||1||	Let your rosary be that which is pleasing to His Will. O Nanak, God shall preserve your honor. ||1||	ਜੋ ਗੱਲ ਉਸ ਰੱਬ ਨੂੰ ਭਾਵੇ ਉਹੀ (ਸਿਰ ਮੱਥੇ ਤੇ ਮੰਨਣੀ, ਇਹ) ਤਸਬੀ ਹੋਵੇ। ਹੇ ਨਾਨਕ! (ਅਜਿਹੇ ਮੁਸਲਮਾਨ ਦੀ ਰੱਬ) ਲਾਜ ਰੱਖਦਾ ਹੈ ॥੧॥
5767	141	ਮਃ ੧॥		Ma 1 ||	First Mehl	

5768	141	ਹਕੁ ਪਰਾਇਆ ਨਾਨਕਾ ਉਸੁ ਸੂਅਰ ਉਸੁ ਗਾਇ॥	ਹੱਕੁ	Hak Paraaeiaa Naanakaa Ous Sooar Ous Gaae ||	: To take what rightfully belongs to another, is like a Muslim eating pork, or a Hindu eating beef.	ਹੇ ਨਾਨਕ! ਪਰਾਇਆ ਹੱਕ ਮੁਸਲਮਾਨ ਲਈ ਸੂਰ ਹੈ ਤੇ ਹਿੰਦੂ ਲਈ ਗਾਂ ਹੈ।
5769	141	ਗੁਰੁ ਪੀਰੁ ਹਾਮਾ ਤਾ ਭਰੇ ਜਾ ਮੁਰਦਾਰੁ ਨ ਖਾਇ॥	(ਹਾਮਾ) ਹਮਾਇਤ। (ਮਾਰਦਾਰੁ) ਹਰਾਮ ਖਾਣਾ	Gur Peer Haamaa Thaa Bharae Jaa Muradhaar N Khaae ||	Our Guru, our Spiritual Guide, stands by us, if we do not eat those carcasses.	ਗੁਰੂ ਪੈਗ਼ੰਬਰ ਤਾਂ ਹੀ ਸਿਫ਼ਾਰਿਸ਼ ਕਰਦਾ ਹੈ ਜੇ ਮਨੁੱਖ ਪਰਾਇਆ ਹੱਕ ਨਾਹ ਵਰਤੇ।
5770	141	ਗਲੀ ਭਿਸਤਿ ਨ ਜਾਈਐ ਛੁਟੈ ਸਚੁ ਕਮਾਇ॥	ਗੱਲੀਂ। (ਭਿਸਤ) ਸਵਰਗ	Galee Bhisath N Jaaeeai Shhuttai Sach Kamaae ||	By mere talk, people do not earn passage to Heaven. Salvation comes only from the practice of Truth.	ਨਿਰੀਆਂ ਗੱਲਾਂ ਕਰਨ ਨਾਲ ਬਹਿਸ਼ਤ ਵਿਚ ਨਹੀਂ ਅੱਪੜ ਸਕੀਦਾ। ਸੱਚ ਨੂੰ (ਭਾਵ, ਜਿਸ ਨੂੰ ਸੱਚਾ ਰਸਤਾ ਆਖਦੇ ਹਉ, ਉਸ ਨੂੰ) ਅਮਲੀ ਜੀਵਨ ਵਿਚ ਵਰਤਿਆਂ ਹੀ ਨਜਾਤ ਮਿਲਦੀ ਹੈ।
5771	141	ਮਾਰਣ ਪਾਹਿ ਹਰਾਮ ਮਹਿ ਹੋਇ ਹਲਾਲੁ ਨ ਜਾਇ॥	(ਮਾਰਣ) ਮਸਾਲੇ	Maaran Paahi Haraam Mehi Hoe Halaal N Jaae ||	By adding spices to forbidden foods, they are not made acceptable.	(ਬਹਿਸ ਆਦਿਕ ਗੱਲਾਂ ਦੇ) ਮਸਾਲੇ ਹਰਾਮ ਮਾਲ ਵਿਚ ਪਾਇਆਂ ਉਹ ਹੱਕ ਦਾ ਮਾਲ ਨਹੀਂ ਬਣ ਜਾਂਦਾ।
5772	141	ਨਾਨਕ ਗਲੀ ਕੂੜੀਈ ਕੂੜੋ ਪਲੈ ਪਾਇ॥੨॥	ਗੱਲੀਂ ਕੂੜੀ-ਈ ਪੱਲੈ	Naanak Galee Koorreeee Koorro Palai Paae ||2||	O Nanak, from false talk, only falsehood is obtained. ||2||	ਹੇ ਨਾਨਕ! ਕੂੜੀਆਂ ਗੱਲਾਂ ਕੀਤਿਆਂ ਕੂੜ ਹੀ ਮਿਲਦਾ ਹੈ ॥੨॥
5773	141	ਮਃ ੧॥		Ma 1 ||	First Mehl:	

5774	141	ਪੰਜਿ ਨਿਵਾਜਾ ਵਖਤ ਪੰਜਿ ਪੰਜਾ ਪੰਜੇ ਨਾਉ॥	ਨਿਵੱਾਜਾਂ	Panj Nivaajaa Vakhath Panj Panjaa Panjae Naao ||	There are five prayers and five times of day for prayer; the five have five names.	(ਮੁਸਲਮਾਨਾਂ ਦੀਆਂ ਪੰਜ ਨਿਮਾਜ਼ਾਂ ਹਨ, (ਉਹਨਾਂ ਦੇ) ਪੰਜ ਵਕਤ ਹਨ ਤੇ ਪੰਜਾਂ ਹੀ ਨਿਮਾਜ਼ਾਂ ਦੇ (ਵਖੋ ਵਖਰੇ) ਪੰਜ ਨਾਮ।
5775	141	ਪਹਿਲਾ ਸਚੁ ਹਲਾਲ ਦੁਇ ਤੀਜਾ ਖੈਰ ਖੁਦਾਇ॥		Pehilaa Sach Halaal Dhue Theejaa Khair Khudhaae ||	Let the first be truthfulness, the second honest living, and the third charity in the Name of God.	(ਪਰ ਅਸਾਡੇ ਮਤ ਵਿਚ ਅਸਲ ਨਿਮਾਜ਼ਾਂ ਇਉਂ ਹਨ-) ਸੱਚ ਬੋਲਣਾ ਨਮਾਜ਼ ਦਾ ਪਹਿਲਾ ਨਾਮ ਹੈ (ਭਾਵ, ਸਵੇਰ ਦੀ ਪਹਿਲੀ ਨਿਮਾਜ਼ ਹੈ), ਹੱਕ ਦੀ ਕਮਾਈ ਦੂਜੀ ਨਮਾਜ਼ ਹੈ, ਰੱਬ ਤੋਂ ਸਭ ਦਾ ਭਲਾ ਮੰਗਣਾ ਨਿਮਾਜ਼ ਦਾ ਤੀਜਾ ਨਾਮ ਹੈ।
5776	141	ਚਉਥੀ ਨੀਅਤਿ ਰਾਸਿ ਮਨੁ ਪੰਜਵੀ ਸਿਫਤਿ ਸਨਾਇ॥	(ਨੀਅਤਿ) ਸੰਕਲਪ ਬਿਰਤੀ (ਰਾਸਿ) ਸਾਫ਼। (ਸਿਫਤਿ) ਵਡਿਆਈ (ਸਨਾਇ) ਜਸ ਗਉਣਾ	Chouthhee Neeath Raas Man Panjavee Sifath Sanaae ||	Let the fourth be good will to all, and the fifth the praise of the Lord.	ਨੀਅਤਿ ਨੂੰ ਸਾਫ਼ ਕਰਨਾ ਮਨ ਨੂੰ ਸਾਫ਼ ਰੱਖਣਾ ਇਹ ਚਉਥੀ ਨਿਮਾਜ਼ ਹੈ ਤੇ ਪਰਮਾਤਮਾ ਦੀ ਸਿਫ਼ਤ-ਸਾਲਾਹ ਤੇ ਵਡਿਆਈ ਕਰਨੀ ਇਹ ਪੰਜਵੀਂ ਨਮਾਜ਼ ਹੈ।
5777	141	ਕਰਣੀ ਕਲਮਾ ਆਖਿ ਕੈ ਤਾ ਮੁਸਲਮਾਣੁ ਸਦਾਇ॥	ਸ਼ੁਭ (ਕਰਣੀ) ਕਰਮ	Karanee Kalamaa Aakh Kai Thaa Musalamaan Sadhaae ||	Repeat the prayer of good deeds, and then, you may call yourself a Muslim.	(ਇਹਨਾਂ ਪੰਜਾਂ ਨਮਾਜ਼ਾਂ ਦੇ ਨਾਲ ਨਾਲ) ਉੱਚਾ ਆਚਰਣ ਬਨਾਣ-ਰੂਪ ਕਲਮਾ ਪੜ੍ਹੇ ਤਾਂ (ਆਪਣੇ ਆਪ ਨੂੰ) ਮੁਸਲਮਾਨ ਅਖਵਾਏ (ਭਾਵ, ਤਾਂ ਹੀ ਸੱਚਾ ਮੁਸਲਮਾਨ ਅਖਵਾ ਸਕਦਾ ਹੈ)।

5778	141	ਨਾਨਕ ਜੇਤੇ ਕੂੜਿਆਰ ਕੂੜੈ ਕੂੜੀ ਪਾਇ॥੩॥	(ਪਾਇ) ਇੱਜ਼ਤ	Naanak Jaethae Koorriaar Koorrai Koorree Paae ||3||	O Nanak, the false obtain falsehood, and only falsehood. ||3||	ਹੇ ਨਾਨਕ! (ਇਹਨਾਂ ਨਮਾਜ਼ਾਂ ਤੇ ਕਲਮੇ ਤੋਂ ਖੁੰਝੇ ਹੋਏ) ਜਿਤਨੇ ਭੀ ਹਨ ਉਹ ਕੂੜ ਦੇ ਵਪਾਰੀ ਹਨ ਤੇ ਕੂੜੇ ਦੀ ਇੱਜ਼ਤ ਭੀ ਕੂੜੀ ਹੀ ਹੁੰਦੀ ਹੈ ॥੩॥
5779	141	ਪਉੜੀ॥		Pourree ||	Pauree:	
5780	141	ਇਕਿ ਰਤਨ ਪਦਾਰਥ ਵਣਜਦੇ ਇਕਿ ਕਚੈ ਦੇ ਵਾਪਾਰਾ॥		Eik Rathan Padhaarathh Vanajadhae Eik Kachai Dhae Vaapaaraa ||	Some trade in priceless jewels, while others deal in mere glass.	ਕਈ ਮਨੁੱਖ (ਪਰਮਾਤਮਾ ਦੀ ਸਿਫ਼ਤ-ਸਾਲਾਹ-ਰੂਪ) ਕੀਮਤੀ-ਸਉਦੇ ਵਿਹਾਝਦੇ ਹਨ, ਤੇ ਕਈ (ਦੁਨੀਆ-ਰੂਪ) ਕੱਚ ਦੇ ਵਪਾਰੀ ਹਨ।
5781	141	ਸਤਿਗੁਰਿ ਤੁਠੈ ਪਾਈਅਨਿ ਅੰਦਰਿ ਰਤਨ ਭੰਡਾਰਾ॥	(ਤੁਠੈ) ਪ੍ਰਸੰਨ ਹੋਇਆਂ	Sathigur Thuthai Paaeean Andhar Rathan Bhanddaaraa ||	When the True Guru is pleased, we find the treasure of the jewel, deep within the self.	(ਪ੍ਰਭੂ ਦੇ ਗੁਣ-ਰੂਪ ਇਹ) ਰਤਨਾਂ ਦੇ ਖ਼ਜ਼ਾਨੇ (ਮਨੁੱਖ ਦੇ) ਅੰਦਰ ਹੀ ਹਨ, ਪਰ ਸਤਿਗੁਰੂ ਦੇ ਤਰੁੱਠਿਆਂ ਇਹ ਮਿਲਦੇ ਹਨ।
5782	141	ਵਿਣੁ ਗੁਰ ਕਿਨੈ ਨ ਲਧਿਆ ਅੰਧੇ ਭਉਕਿ ਮੁਏ ਕੂੜਿਆਰਾ॥	ਲੱਧਿਆ	Vin Gur Kinai N Ladhhiaa Andhhae Bhouk Mueae Koorriaaraa ||	Without the Guru, no one has found this treasure. The blind and the false have died in their endless wanderings.	ਗੁਰੂ (ਦੀ ਸਰਨ ਆਉਣ) ਤੋਂ ਬਿਨਾ ਕਿਸੇ ਨੇ ਇਹ ਖ਼ਜ਼ਾਨਾ ਨਹੀਂ ਲੱਭਾ, ਕੂੜ ਦੇ ਵਪਾਰੀ ਅੰਨ੍ਹੇ ਬੰਦੇ (ਮਾਇਆ ਦੀ ਖ਼ਾਤਰ ਹੀ ਦਰ ਦਰ ਤੇ) ਤਰਲੇ ਲੈਂਦੇ ਮਰ ਜਾਂਦੇ ਹਨ।

5783	141	ਮਨਮੁਖ ਦੂਜੈ ਪਚਿ ਮੁਏ ਨਾ ਬੂਝਹਿ ਵੀਚਾਰਾ॥	(ਪਚਿ) ਖਪ ਕੇ	Manamukh Dhoojai Pach Mueae Naa Boojhehi Veechaaraa ||	The self-willed manmukhs putrefy and die in duality. They do not understand contemplative meditation.	ਜੋ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦੇ ਹਨ, ਉਹ ਮਾਇਆ ਵਿਚ ਖਚਿਤ ਹੁੰਦੇ ਹਨ, ਉਹਨਾਂ ਨੂੰ ਅਸਲ ਵਿਚਾਰ ਸੁੱਝਦੀ ਨਹੀਂ।
5784	141	ਇਕਸੁ ਬਾਝਹੁ ਦੂਜਾ ਕੋ ਨਹੀ ਕਿਸੁ ਅਗੈ ਕਰਹਿ ਪੁਕਾਰਾ॥		Eikas Baajhahu Dhoojaa Ko Nehee Kis Agai Karehi Pukaaraa ||	Without the One Lord, there is no other at all. Unto whom should they complain?	(ਇਸ ਦੁਖੀ ਹਾਲਤ ਦੀ) ਪੁਕਾਰ ਭੀ ਉਹ ਲੋਕ ਕਿਸ ਦੇ ਸਾਹਮਣੇ ਕਰਨ? ਇਕ ਪ੍ਰਭੂ ਤੋਂ ਬਿਨਾ ਹੋਰ ਕੋਈ (ਸਹੈਤਾ ਕਰਨ ਵਾਲਾ ਹੀ) ਨਹੀਂ ਹੈ।
5785	141	ਇਕਿ ਨਿਰਧਨ ਸਦਾ ਭਉਕਦੇ ਇਕਨਾ ਭਰੇ ਤੁਜਾਰਾ॥	(ਤੁਜਾਰਾ) ਖਜ਼ਾਨੇ	Eik Niradhhan Sadhaa Bhoukadhae Eikanaa Bharae Thujaaraa ||	Some are destitute, and wander around endlessly, while others have storehouses of wealth.	(ਨਾਮ-ਰੂਪ ਖ਼ਜ਼ਾਨੇ ਤੋਂ ਬਿਨਾ) ਕਈ ਕੰਗਾਲ ਸਦਾ (ਦਰ ਦਰ ਤੇ) ਤਰਲੇ ਲੈਂਦੇ ਫਿਰਦੇ ਹਨ, ਇਹਨਾਂ ਦੇ (ਹਿਰਦੇ-ਰੂਪ) ਖ਼ਜ਼ਾਨੇ (ਬੰਦਗੀ-ਰੂਪ ਧਨ ਨਾਲ) ਭਰੇ ਪਏ ਹਨ।
5786	141	ਵਿਣੁ ਨਾਵੈ ਹੋਰੁ ਧਨੁ ਨਾਹੀ ਹੋਰੁ ਬਿਖਿਆ ਸਭੁ ਛਾਰਾ॥	(ਛਾਰਾ) ਸੁਆਹ	Vin Naavai Hor Dhhan Naahee Hor Bikhiaa Sabh Shhaaraa ||	Without God's Name, there is no other wealth. Everything else is just poison and ashes.	(ਪਰਮਾਤਮਾ ਦੇ) ਨਾਮ ਤੋਂ ਬਿਨਾ ਹੋਰ ਕੋਈ (ਨਾਲ ਨਿਭਣ ਵਾਲਾ) ਧਨ ਨਹੀਂ ਹੈ, ਹੋਰ ਮਾਇਆ ਵਾਲਾ ਧਨ ਸੁਆਹ (ਸਮਾਨ) ਹੈ।

5787	141	ਨਾਨਕ ਆਪਿ ਕਰਾਏ ਕਰੇ ਆਪਿ ਹੁਕਮਿ ਸਵਾਰਣਹਾਰਾ॥੭॥		Naanak Aap Karaaeae Karae Aap Hukam Savaaranehaaraa ||7||	O Nanak, the Lord Himself acts, and causes others to act; by the Hukam of His Command, we are embellished and exalted. ||7||	(ਪਰ) ਹੇ ਨਾਨਕ! ਸਭ (ਜੀਵਾਂ ਵਿਚ ਬੈਠਾ ਪ੍ਰਭੂ) ਆਪ ਹੀ (ਕੱਚ ਤੇ ਰਤਨਾਂ ਦੇ ਵਪਾਰ) ਕਰ ਰਿਹਾ ਹੈ, (ਜਿਨ੍ਹਾਂ ਨੂੰ ਸੁਧਾਰਦਾ ਹੈ ਉਹਨਾਂ ਨੂੰ ਆਪਣੇ) ਹੁਕਮ ਵਿਚ ਹੀ ਸਿੱਧੇ ਰਾਹੇ ਪਾਂਦਾ ਹੈ ॥੭॥
5788	141	ਸਲੋਕੁ ਮਃ ੧॥		Salok Ma 1 ||	Shalok, First Mehl:	
5789	141	ਮੁਸਲਮਾਣੁ ਕਹਾਵਣੁ ਮੁਸਕਲੁ ਜਾ ਹੋਇ ਤਾ ਮੁਸਲਮਾਣੁ ਕਹਾਵੈ॥	ਮੁਸ-ਕਲੁ	Musalamaan Kehaavan Musakal Jaa Hoe Thaa Musalamaan Kehaavai ||	It is difficult to be called a Muslim; if one is truly a Muslim, then he may be called one.	(ਅਸਲ) ਮੁਸਲਮਾਨ ਅਖਵਾਣਾ ਬੜਾ ਔਖਾ ਹੈ ਜੇ (ਉਹੋ ਜਿਹਾ) ਬਣੇ ਤਾਂ ਮਨੁੱਖ ਆਪਣੇ ਆਪ ਨੂੰ ਮੁਸਲਮਾਨ ਅਖਾਏ।

5790	141	ਅਵਲਿ ਅਉਲਿ ਦੀਨੁ ਕਰਿ ਮਿਠਾ ਮਸਕਲ ਮਾਨਾ ਮਾਲੁ ਮੁਸਾਵੈ॥	(ਅੱਵਲਿ) ਪਹਿਲਾਂ। (ਅਉਲਿ) ਬੰਦਗੀ ਵਾਲੇ ਪੂਰਨ ਸਤਿਗੁਰਾਂ ਦੇ (ਦੀਨੁ) ਧਰਮ ਨੂੰ ਮਿੱਠਾ ਕਰਿ ਕੇ ਨਿਸਚੇ ਕਰੇ। (ਮਾਨਾ) ਮਾਣ ਹੰਕਾਰ ਨੂੰ (ਮਸਕਲ) ਮਾਂਜੇ, (ਮਾਲੁ) ਹੀਰੇ ਜਵਾਹਰਾਤ ਧਨ ਪਦਾਰਥ ਪ੍ਰਮਾਤਮਾ ਦੇ ਨਾਮ ਤੇ ਗ੍ਰੀਬਾਂ ਨੂੰ (ਮੁਸਾਵੈ) ਲੁਟਾ ਦੇਵੇ, ਜਿਵੇਂ ਮਹੱਲੇ ਪਹਿਲੇ ਜੀ ਨੇ ਸ੍ਰੀ ਹੱਟ ਸਾਹਿਬ ਜੀ ਲੁਟਾ ਦਿਤੇ ਅਥਵਾ ਔਗੁਣਾਂ ਨੂੰ ਲੁਟਾਵੇ ਭਾਵ ਤਿਆਗੇ। ਮਿੱਠਾ। ਮਸਕਲ: ਪੋਲਾ ਬੋਲੋ। ਮੱਾਨਾ	Aval Aoul Dheen Kar Mithaa Masakal Maanaa Maal Musaavai ||	First, let him savor the religion of the Prophet as sweet; then, let his pride of his possessions be scraped away.	(ਅਸਲੀ ਮੁਸਲਮਾਨ ਬਣਨ ਲਈ) ਸਭ ਤੋਂ ਪਹਿਲਾਂ (ਇਹ ਜ਼ਰੂਰੀ ਹੈ ਕਿ) ਮਜ਼ਹਬ ਪਿਆਰਾ ਲੱਗੇ, (ਫਿਰ) ਜਿਵੇਂ ਮਿਸਕਲੇ ਨਾਲ ਜੰਗਾਲ ਲਾਹੀਦਾ ਹੈ ਤਿਵੇਂ (ਆਪਣੀ ਕਮਾਈ ਦਾ) ਧਨ (ਲੋੜਵੰਦਿਆਂ ਨਾਲ) ਵੰਡ ਕੇ ਵਰਤੇ (ਤੇ ਇਸ ਤਰ੍ਹਾਂ ਦੌਲਤ ਦਾ ਅਹੰਕਾਰ ਦੂਰ ਕਰੇ)।

5791	141	ਹੋਇ ਮੁਸਲਿਮੁ ਦੀਨ ਮੁਹਾਣੈ ਮਰਣ ਜੀਵਣ ਕਾ ਭਰਮੁ ਚੁਕਾਵੈ॥	ਨਾਮੁ ਜਪਣ ਜਪਾਉਣ ਨਿਰਮਲ ਕਰਮ ਕਰਨ ਰੂਪ (ਦੀਨ) ਧਰਮ ਨੂੰ ਮੰਨਣ ਵਾਲਾ (ਮੁ-ਸੱਲਿਮੁ) ਇਸਲਾਮੀ (ਦੀਨ) ਧਰਮ ਦਾ (ਮੁਹਾਣੈ) ਮਲਾਹ ਹੋਵੇ	Hoe Musalim Dheen Muhaanai Maran Jeevan Kaa Bharam Chukaavai ||	Becoming a true Muslim, a disciple of the faith of Mohammed, let him put aside the delusion of death and life.	ਮਜ਼ਹਬ ਦੀ ਅਗਵਾਈ ਵਿਚ ਤੁਰ ਕੇ ਮੁਸਲਮਾਨ ਬਣੇ, ਤੇ ਸਾਰੀ ਉਮਰ ਦੀ ਭਟਕਣਾ ਮੁਕਾ ਦੇਵੇ (ਭਾਵ, ਸਾਰੀ ਉਮਰ ਕਦੇ ਮਜ਼ਹਬ ਦੇ ਦੱਸੇ ਰਾਹ ਤੋਂ ਲਾਂਭੇ ਨਾਹ ਜਾਏ)।
5792	141	ਰਬ ਕੀ ਰਜਾਇ ਮੰਨੇ ਸਿਰ ਉਪਰਿ ਕਰਤਾ ਮੰਨੇ ਆਪੁ ਗਵਾਵੈ॥	ਰੱਬ ਉੱਪਰਿ	Rab Kee Rajaae Mannae Sir Oupar Karathaa Mannae Aap Gavaavai ||	As he submits to God's Will, and surrenders to the Creator, he is rid of selfishness and conceit.	ਰੱਬ ਦੇ ਕੀਤੇ ਨੂੰ ਸਿਰ ਮੱਥੇ ਤੇ ਮੰਨੇ, ਕਾਦਰ ਨੂੰ ਹੀ (ਸਭ ਕੁਝ ਕਰਨ ਵਾਲਾ) ਮੰਨੇ ਤੇ ਖ਼ੁਦੀ ਮਿਟਾ ਦੇਵੇ।
5793	141	ਤਉ ਨਾਨਕ ਸਰਬ ਜੀਆ ਮਿਹਰੰਮਤਿ ਹੋਇ ਤ ਮੁਸਲਮਾਣੁ ਕਹਾਵੈ॥੧॥	(ਮਿਹ-ਰੰਮਤਿ) ਤਰਸ	Tho Naanak Sarab Jeeaa Miharanmath Hoe Th Musalamaan Kehaavai ||1||	And when, O Nanak, he is merciful to all beings, only then shall he be called a Muslim. ||1||	ਇਸ ਤਰ੍ਹਾਂ, ਹੇ ਨਾਨਕ! (ਰੱਬ ਦੇ ਪੈਦਾ ਕੀਤੇ) ਸਾਰੇ ਬੰਦਿਆਂ ਨਾਲ ਪਿਆਰ ਕਰੇ, ਇਹੋ ਜਿਹਾ ਬਣੇ, ਤਾਂ ਮੁਸਲਮਾਨ ਅਖਵਾਏ ॥੧॥
5794	141	ਮਹਲਾ ੪॥		Mehalaa 4 ||	Fourth Mehl:	
5795	141	ਪਰਹਰਿ ਕਾਮ ਕ੍ਰੋਧੁ ਝੂਠੁ ਨਿੰਦਾ ਤਜਿ ਮਾਇਆ ਅਹੰਕਾਰੁ ਚੁਕਾਵੈ॥	(ਪਰਹਰਿ) ਤਿਆਗ ਕੇ। ਅਹੰ-ਕਾਰੁ	Parehar Kaam Krodhh Jhooth Nindhaa Thaj Maaeiaa Ahankaar Chukaavai ||	Renounce sexual desire, anger, falsehood and slander; forsake Maya and eliminate egotistical pride.	(ਜੇ ਮਨੁੱਖ) ਕਾਮ ਗੁੱਸਾ ਝੂਠ ਨਿੰਦਿਆ ਛੱਡ ਦੇਵੇ, ਜੇ ਮਾਇਆ ਦਾ ਲਾਲਚ ਛੱਡ ਕੇ ਅਹੰਕਾਰ (ਭੀ) ਦੂਰ ਕਰ ਲਏ,

5796	141	ਤਜਿ ਕਾਮੁ ਕਾਮਿਨੀ ਮੋਹੁ ਤਜੈ ਤਾ ਅੰਜਨ ਮਾਹਿ ਨਿਰੰਜਨੁ ਪਾਵੈ॥		Thaj Kaam Kaaminee Mohu Thajai Thaa Anjan Maahi Niranjan Paavai ||	Renounce sexual desire and promiscuity, and give up emotional attachment. Only then shall you obtain the Immaculate Lord amidst the darkness of the world.	ਜੇ ਵਿਸ਼ੇ ਦੀ ਵਾਸ਼ਨਾ ਛੱਡ ਕੇ ਇਸਤ੍ਰੀ ਦਾ ਮੋਹ ਤਿਆਗ ਦੇਵੇ ਤਾਂ ਮਨੁੱਖ ਮਾਇਆ ਦੀ ਕਾਲਖ ਵਿਚ ਰਹਿੰਦਾ ਹੋਇਆ ਹੀ ਮਾਇਆ-ਰਹਿਤ ਪ੍ਰਭੂ ਨੂੰ ਲੱਭ ਲੈਂਦਾ ਹੈ।
5797	141	ਤਜਿ ਮਾਨੁ ਅਭਿਮਾਨੁ ਪ੍ਰੀਤਿ ਸੁਤ ਦਾਰਾ ਤਜਿ ਪਿਆਸ ਆਸ ਰਾਮ ਲਿਵ ਲਾਵੈ॥	(ਦਾਰਾ) ਇਸਤ੍ਰੀ	Thaj Maan Abhimaan Preeth Suth Dhaaraa Thaj Piaas Aas Raam Liv Laavai ||	Renounce selfishness, conceit and arrogant pride, and your love for your children and spouse. Abandon your thirsty hopes and desires, and embrace love for the Lord.	(ਜੇ ਮਨੁੱਖ) ਅਹੰਕਾਰ ਦੂਰ ਕਰ ਕੇ ਪੁੱਤ੍ਰ ਵਹੁਟੀ ਦਾ ਮੋਹ ਛੱਡ ਦੇਵੇ, ਜੇ (ਦੁਨੀਆ ਦੇ ਪਦਾਰਥਾਂ ਦੀਆਂ) ਆਸਾਂ ਤੇ ਤ੍ਰਿਸ਼ਨਾ ਛੱਡ ਕੇ ਪਰਮਾਤਮਾ ਨਾਲ ਸੁਰਤ ਜੋੜ ਲਏ,
5798	141	ਨਾਨਕ ਸਾਚਾ ਮਨਿ ਵਸੈ ਸਾਚ ਸਬਦਿ ਹਰਿ ਨਾਮਿ ਸਮਾਵੈ॥੨॥		Naanak Saachaa Man Vasai Saach Sabadh Har Naam Samaavai ||2||	O Nanak, the True One shall come to dwell in your mind. Through the True Word of the Shabad, you shall be absorbed in the Name of the Lord. ||2||	ਤਾਂ, ਹੇ ਨਾਨਕ! ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਉਸ ਦੇ ਮਨ ਵੱਸ ਪੈਂਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੇ ਨਾਮ ਵਿਚ ਉਹ ਲੀਨ ਹੋ ਜਾਂਦਾ ਹੈ ॥੨॥
5799	141	ਪਉੜੀ॥		Pourree ||	Pauree:	

5800	141	ਰਾਜੇ ਰਯਤਿ ਸਿਕਦਾਰ ਕੋਇ ਨ ਰਹਸੀਓ॥	(ਰਯਤਿ) ਪਰਜਾ। (ਸਿੱਕਦਾਰ) ਸਰਦਾਰ। ਰਯ-ਤਿ ਯ ਤਾਲੂ ਤੋਂ ਬੋਲੋ। ਰਹ-ਸੀਓ	Raajae Rayath Sikadhaar Koe N Rehaseeou ||	Neither the kings, nor their subjects, nor the leaders shall remain.	ਰਾਜੇ, ਪਰਜਾ, ਚੌਧਰੀ, ਕੋਈ ਭੀ ਸਦਾ ਨਹੀਂ ਰਹੇਗਾ।
5801	141	ਹਟ ਪਟਣ ਬਾਜਾਰ ਹੁਕਮੀ ਢਹਸੀਓ॥	ਹੱਟ। ਪਟਣ:ਪੋਲਾ ਬੋਲੋ। (ਪਟਣ)ਸ਼ਹਿਰ। ਢਹ-ਸੀਓ	Hatt Pattan Baajaar Hukamee Dtehaseeou ||	The shops, the cities and the streets shall eventually disintegrate, by the Hukam of the Lord's Command.	ਹੱਟ, ਸ਼ਹਰ, ਬਾਜ਼ਾਰ, ਪ੍ਰਭੂ ਦੇ ਹੁਕਮ ਵਿਚ (ਅੰਤ) ਢਹਿ ਜਾਣਗੇ।
5802	141	ਪਕੇ ਬੰਕ ਦੁਆਰ ਮੂਰਖੁ ਜਾਣੈ ਆਪਣੇ॥	(ਬੰਕ) ਸੁੰਦਰ ਪੱਕੇ (ਦੁਆਰ) ਦਰਵਾਜ਼ਿਆਂ ਵਾਲੇ ਘਰ	Pakae Bank Dhuaar Moorakh Jaanai Aapanae ||	Those solid and beautiful mansions- the fools think that they belong to them.	ਸੋਹਣੇ ਪੱਕੇ (ਘਰਾਂ ਦੇ) ਦਰਵਾਜ਼ਿਆਂ ਨੂੰ ਮੂਰਖ ਮਨੁੱਖ ਆਪਣੇ ਸਮਝਦਾ ਹੈ,
5803	141	ਦਰਬਿ ਭਰੇ ਭੰਡਾਰ ਰੀਤੇ ਇਕਿ ਖਣੇ॥	(ਦਰਬਿ) ਧਨ ਨਾਲ। (ਰੀਤੇ) ਖਾਲੀ। (ਖਣੇ) ਖਿਨ ਚ	Dharab Bharae Bhanddaar Reethae Eik Khanae ||	The treasure-houses, filled with wealth, shall be emptied out in an instant.	(ਪਰ ਇਹ ਨਹੀਂ ਜਾਣਦਾ ਕਿ) ਧਨ ਨਾਲ ਭਰੇ ਹੋਏ ਖ਼ਜ਼ਾਨੇ ਇਕ ਪਲਕ ਵਿਚ ਖ਼ਾਲੀ ਹੋ ਜਾਂਦੇ ਹਨ।
5804	141	ਤਾਜੀ ਰਥ ਤੁਖਾਰ ਹਾਥੀ ਪਾਖਰੇ॥	(ਤਾਜੀ)ਘੋੜੇ। (ਤੁਖਾਰ) ਊਠ। (ਪੱਖਰੇ) ਹਾਥੀ ਘੋੜੇ ਦਾ ਜੰਜੀਰਦਾਰ ਝੁੱਲ, ਜਿਸ ਤੋਂ ਜੰਗ ਚ ਸਰੀਰ ਦੀ ਰੱਖਿਆ ਹੋਵੇ। ਤਾਜੀ ਰਥ: ਪੋਲੇ ਬੋਲੋ	Thaajee Rathh Thukhaar Haathhee Paakharae ||	The horses, chariots, camels and elephants, with all their decorations;	ਵਧੀਆ ਘੋੜੇ, ਰਥ, ਊਠ, ਹਾਥੀ, ਹਉਦੇ,

5805	141	ਬਾਗ ਮਿਲਖ ਘਰ ਬਾਰ ਕਿਥੈ ਸਿ ਆਪਣੇ॥	ਜੋ ਆਪਣੇ ਮੰਨੇ ਸਨ, (ਸਿ) ਉਹ (ਕਿਥੈ) ਕਿੱਥੇ? ਭਾਵ ਨਾਲ ਨਹੀਂ ਜਾਣਗੇ (ਦੂਜਾ ਪਾਠ: ਸਿਆਪਣੇ)	Baag Milakh Ghar Baar Kithhai S Aapanae ||	The gardens, lands, houses, tents, soft beds and satin pavilions-Oh,	ਬਾਗ਼, ਜ਼ਮੀਨਾਂ, ਘਰ-ਘਾਟ ਜਿਨ੍ਹਾਂ ਨੂੰ ਮਨੁੱਖ ਆਪਣੇ ਸਮਝਦਾ ਹੈ ਕਿਤੇ ਜਾਂਦੇ ਨਹੀਂ ਲੱਭਦੇ।
5806	141	ਤੰਬੂ ਪਲੰਘ ਨਿਵਾਰ ਸਰਾਇਚੇ ਲਾਲਤੀ॥	(ਸਰਾਇਚੇ) ਕਨਾਤਾਂ, ਛੋਟੇ ਘਰ। (ਲਾਲਤੀ) ਰੇਸ਼ਮੀ ਚਮਕੀਲਾ ਬਸਤ੍ਰ	Thanboo Palangh Nivaar Saraaeichae Laalathee ||	Where are those things, which they believe to be their own?	ਤੰਬੂ, ਨਿਵਾਰੀ ਪਲੰਘ ਤੇ ਅਤਲਸੀ ਕਨਾਤਾਂ (ਇਹ ਸਭ ਨਾਸ਼ਵੰਤ ਹਨ)।
5807	141	ਨਾਨਕ ਸਚ ਦਾਤਾਰੁ ਸਿਨਾਖਤੁ ਕੁਦਰਤੀ॥੮॥	(ਸਿਨਾਖਤੁ) ਪਛਾਣ	Naanak Sach Dhaathaar Sinaakhath Kudharathee ||8||	O Nanak, the True One is the Giver of all; He is revealed through His All-powerful Creative Nature. ||8||	ਹੇ ਨਾਨਕ! ਸਦਾ ਰਹਿਣ ਵਾਲਾ ਸਿਰਫ਼ ਉਹੀ ਹੈ, ਜੋ ਇਹਨਾਂ ਪਦਾਰਥਾਂ ਦੇ ਦੇਣ ਵਾਲਾ ਹੈ, ਉਸ ਦੀ ਪਛਾਣ ਉਸ ਦੀ ਰਚੀ ਕੁਦਰਤਿ ਵਿਚੋਂ ਹੁੰਦੀ ਹੈ ॥੮॥
5808	141	ਸਲੋਕੁ ਮਃ ੧॥		Salok Ma 1 ||	Shalok, First Mehl:	
5809	141	ਨਦੀਆ ਹੋਵਹਿ ਧੇਣਵਾ ਸੁੰਮ ਹੋਵਹਿ ਦੁਧੁ ਘੀਉ॥	(ਧੇਣਵਾ) ਗਊਆਂ। (ਸੁੰਮ) ਸੋਮੇ	Nadheeaa Hovehi Dhhaenavaa Sunm Hovehi Dhudhh Gheeo ||	If the rivers became cows, giving milk, and the spring water became milk and ghee;	ਜੇ ਸਾਰੀਆਂ ਨਦੀਆਂ (ਮੇਰੇ ਵਾਸਤੇ) ਗਾਈਆਂ ਬਣ ਜਾਣ (ਪਾਣੀ ਦੇ) ਚਸ਼ਮੇ ਦੁੱਧ ਤੇ ਘਿਉ ਬਣ ਜਾਣ,
5810	141	ਸਗਲੀ ਧਰਤੀ ਸਕਰ ਹੋਵੈ ਖੁਸੀ ਕਰੇ ਨਿਤ ਜੀਉ॥	ਸੱਕਰ	Sagalee Dhharathee Sakar Hovai Khusee Karae Nith Jeeo ||	If all the earth became sugar, to continually excite the mind;	ਸਾਰੀ ਜ਼ਮੀਨ ਸ਼ਕਰ ਬਣ ਜਾਏ, (ਇਹਨਾਂ ਪਦਾਰਥਾਂ ਨੂੰ ਵੇਖ ਕੇ) ਮੇਰੀ ਜਿੰਦ ਨਿੱਤ ਖ਼ੁਸ਼ ਹੋਵੇ,

5811	142	ਪਰਬਤੁ ਸੁਇਨਾ ਰੁਪਾ ਹੋਵੈ ਹੀਰੇ ਲਾਲ ਜੜਾਉ॥		Parabath Sueinaa Rupaa Hovai Heerae Laal Jarraao ||	If the mountains became gold and silver, studded with gems and jewels	ਜੇ ਹੀਰੇ ਤੇ ਲਾਲਾਂ ਨਾਲ ਜੜਿਆ ਹੋਇਆ ਸੋਨੇ ਤੇ ਚਾਂਦੀ ਦਾ ਪਹਾੜ ਬਣ ਜਾਏ,
5812	142	ਭੀ ਤੂੰਹੈ ਸਾਲਾਹਣਾ ਆਖਣ ਲਹੈ ਨ ਚਾਉ॥੧॥		Bhee Thoonhai Saalaahanaa Aakhan Lehai N Chaao ||1||	-even then, I would worship and adore You, and my longing to chant Your Praises would not decrease. ||1||	ਤਾਂ ਭੀ (ਹੇ ਪ੍ਰਭੂ! ਮੈਂ ਇਹਨਾਂ ਪਦਾਰਥਾਂ ਵਿਚ ਨਾਹ ਫਸਾਂ ਤੇ) ਤੇਰੀ ਹੀ ਸਿਫ਼ਤ-ਸਾਲਾਹ ਕਰਾਂ, ਤੇਰੀ ਵਡਿਆਈ ਕਰਨ ਦਾ ਮੇਰਾ ਚਾਉ ਮੁੱਕ ਨਾਹ ਜਾਏ ॥੧॥
5813	142	ਮਃ ੧॥		Ma 1 ||	First Mehl:	
5814	142	ਭਾਰ ਅਠਾਰਹ ਮੇਵਾ ਹੋਵੈ ਗਰੁੜਾ ਹੋਇ ਸੁਆਉ॥	(ਭਾਰ ਅਠਾਰਹ) ਸਾਰੀ ਬਨਾਸਪਤੀ। (ਗਰੁੜਾ) ਰਸੀਲਾ (ਸੁਆਉ) ਸੁਆਦ	Bhaar Athaareh Maevaa Hovai Garurraa Hoe Suaao ||	If all the eighteen loads of vegetation became fruits,	ਜੇ ਸਾਰੀ ਬਨਸਪਤੀ ਮੇਵਾ ਬਣ ਜਾਏ, ਜਿਸ ਦਾ ਸੁਆਦ ਬਹੁਤ ਰਸੀਲਾ ਹੋਵੇ,
5815	142	ਚੰਦੁ ਸੂਰਜੁ ਦੁਇ ਫਿਰਦੇ ਰਖੀਅਹਿ ਨਿਹਚਲੁ ਹੋਵੈ ਥਾਉ॥		Chandh Sooraj Dhue Firadhae Rakheeahi Nihachal Hovai Thhaao ||	And the growing grass became sweet rice; if I were able to stop the sun and the moon in their orbits and hold them perfectly steady	ਜੇ ਮੇਰੀ ਰਹਿਣ ਦੀ ਥਾਂ ਅਟੱਲ ਹੋ ਜਾਏ ਤੇ ਚੰਦ ਅਤੇ ਸੂਰਜ ਦੋਵੇਂ (ਮੇਰੀ ਰਿਹੈਸ਼ ਦੀ ਸੇਵਾ ਕਰਨ ਲਈ) ਸੇਵਾ ਤੇ ਲਾਏ ਜਾਣ,
5816	142	ਭੀ ਤੂੰਹੈ ਸਾਲਾਹਣਾ ਆਖਣ ਲਹੈ ਨ ਚਾਉ॥੨॥		Bhee Thoonhai Saalaahanaa Aakhan Lehai N Chaao ||2||	-even then, I would worship and adore You, and my longing to chant Your Praises would not decrease. ||2||	(ਤਾਂ ਭੀ ਹੇ ਪ੍ਰਭੂ! ਮੈਂ ਇਹਨਾਂ ਵਿਚ ਨਾਹ ਫਸਾਂ ਤੇ) ਤੇਰੀ ਹੀ ਸਿਫ਼ਤ-ਸਾਲਾਹ ਕਰਾਂ, ਤੇਰੀ ਵਡਿਆਈ ਕਰਨ ਦਾ ਮੇਰਾ ਚਾਉ ਮੁੱਕ ਨਾਹ ਜਾਏ ॥੨॥

5817	142	ਮਃ ੧॥		Ma 1 ||	First Mehl:	
5818	142	ਜੇ ਦੇਹੈ ਦੁਖੁ ਲਾਈਐ ਪਾਪ ਗਰਹ ਦੁਇ ਰਾਹੁ॥	(ਗਰਹ) ਗ੍ਰਸਣਾ	Jae Dhaehai Dhukh Laaeeai Paap Gareh Dhue Raahu ||	If my body were afflicted with pain, under the evil influence of unlucky stars;	ਜੇ (ਮੇਰੇ) ਸਰੀਰ ਨੂੰ ਦੁੱਖ ਲੱਗ ਜਾਏ, ਦੋਵੇਂ ਮਨਹੂਸ ਤਾਰੇ ਰਾਹੂ ਤੇ ਕੇਤੂ (ਮੇਰੇ ਲਾਗੂ ਹੋ ਜਾਣ),
5819	142	ਰਤੁ ਪੀਣੇ ਰਾਜੇ ਸਿਰੈ ਉਪਰਿ ਰਖੀਅਹਿ ਏਵੈ ਜਾਪੈ ਭਾਉ॥	ਰੱਤੁ	Rath Peenae Raajae Sirai Oupar Rakheeahi Eaevai Jaapai Bhaao ||	And if the blood-sucking kings were to hold power over me	ਜ਼ਾਲਮ ਰਾਜੇ ਮੇਰੇ ਸਿਰ ਤੇ ਹੋਣ, ਜੇ ਤੇਰਾ ਪਿਆਰ ਇਸੇ ਤਰ੍ਹਾਂ (ਭਾਵ, ਇਹਨਾਂ ਦੁੱਖਾਂ ਦੀ ਸ਼ਕਲ ਵਿਚ ਹੀ ਮੇਰੇ ਉੱਤੇ) ਪਰਗਟ ਹੋਵੇ,
5820	142	ਭੀ ਤੂੰਹੈ ਸਾਲਾਹਣਾ ਆਖਣ ਲਹੈ ਨ ਚਾਉ॥੩॥		Bhee Thoonhai Saalaahanaa Aakhan Lehai N Chaao ||3||	-even if this were my condition, I would still worship and adore You, and my longing to chant Your Praises would not decrease. ||3||	ਤਾਂ ਭੀ (ਹੇ ਪ੍ਰਭੂ! ਮੈਂ ਇਸ ਤੋਂ ਘਾਬਰ ਕੇ ਤੈਨੂੰ ਵਿਸਾਰ ਨਾ ਦਿਆਂ) ਤੇਰੀ ਹੀ ਸਿਫ਼ਤ-ਸਾਲਾਹ ਕਰਾਂ, ਤੇਰੀ ਵਡਿਆਈ ਕਰਨ ਦਾ ਮੇਰਾ ਚਾਉ ਨਾਹ ਮੁੱਕ ਜਾਏ ॥੩॥
5821	142	ਮਃ ੧॥		Ma 1 ||	First Mehl:	

5822	142	ਅਗੀ ਪਾਲਾ ਕਪੜੁ ਹੋਵੈ ਖਾਣਾ ਹੋਵੈ ਵਾਉ॥	ਅੱਗੀਂ ਕੱਪੜੁ	Agee Paalaa Kaparr Hovai Khaanaa Hovai Vaao ||	If fire and ice were my clothes, and the wind was my food;	(ਜੇ ਗਰਮੀਆਂ ਦੀ) ਧੁੱਪ ਤੇ (ਸਿਆਲ ਦਾ) ਪਾਲਾ ਮੇਰੇ (ਪਹਿਨਣ ਦਾ) ਕੱਪੜਾ ਹੋਣ (ਭਾਵ, ਜੇ ਮੈਂ ਨੰਗਾ ਰਹਿ ਕੇ ਧੁੱਪ ਤੇ ਪਾਲਾ ਭੀ ਸਹਾਰਾਂ), ਜੇ ਹਵਾ ਮੇਰੀ ਖ਼ੁਰਾਕ ਹੋਵੇ (ਭਾਵ, ਜੇ ਮੈਂ ਪਉਣ-ਅਹਾਰੀ ਹੋ ਜਾਵਾਂ, ਤਾਂ ਭੀ, ਹੇ ਪ੍ਰਭੂ! ਤੇਰੀ ਸਿਫ਼ਤ-ਸਾਲਾਹ ਦੇ ਸਾਹਮਣੇ ਇਹ ਤੁੱਛ ਹਨ)।
5823	142	ਸੁਰਗੈ ਦੀਆ ਮੋਹਣੀਆ ਇਸਤਰੀਆ ਹੋਵਨਿ ਨਾਨਕ ਸਭੋ ਜਾਉ॥	(ਜਾਉ) ਨਾਸਵੰਤ ਚਲੇ ਜਾਂਦੇ ਹਨ	Suragai Dheeaa Mohaneeaa Eisathareeaa Hovan Naanak Sabho Jaao ||	And even if the enticing heavenly beauties were my wives, O Nanak-all this shall pass away!	ਜੇ ਸੁਰਗ ਦੀਆਂ ਅਪੱਛਰਾਂ ਭੀ ਮੇਰੇ ਘਰ ਵਿਚ ਹੋਣ ਤਾਂ ਭੀ, ਹੇ ਨਾਨਕ! ਇਹ ਤਾਂ ਨਾਸਵੰਤ ਹਨ।
5824	142	ਭੀ ਤੂਹੈ ਸਾਲਾਹਣਾ ਆਖਣ ਲਹੈ ਨ ਚਾਉ॥੪॥		Bhee Thoohai Saalaahanaa Aakhan Lehai N Chaao ||4||	Even then, I would worship and adore You, and my longing to chant Your Praises would not decrease. ||4||	(ਇਹਨਾਂ ਦੇ ਮੋਹ ਵਿਚ ਫਸ ਕੇ ਮੈਂ ਤੈਨੂੰ ਨਾਹ ਵਿਸਾਰਾਂ) ਤੇਰੀ ਹੀ ਸਿਫ਼ਤ-ਸਾਲਾਹ ਕਰਦਾ ਰਹਾਂ, ਤੇਰੀ ਵਡਿਆਈ ਕਰਨ ਦਾ ਮੇਰਾ ਚਾਉ ਨਾ ਮੁੱਕੇ ॥੪॥
5825	142	ਪਵੜੀ॥		Pavarree ||	Pauree:	
5826	142	ਬਦਫੈਲੀ ਗੈਬਾਨਾ ਖਸਮੁ ਨ ਜਾਣਈ॥	(ਬਦ-ਫੈਲੀ) ਮੰਦ ਕਰਮ (ਗੈਬਾਨਾ) ਲੁਕ ਕੇ ਕਰਦਾ ਹੈ	Badhafailee Gaibaanaa Khasam N Jaanee ||	The foolish demon, who does evil deeds, does not know his Lord and Master.	(ਜੋ ਮਨੁੱਖ) ਲੁਕ ਕੇ ਪਾਪ ਕਮਾਂਦਾ ਹੈ ਤੇ ਮਾਲਕ ਨੂੰ (ਹਰ ਥਾਂ ਹਾਜ਼ਰ ਨਾਜ਼ਰ) ਨਹੀਂ ਸਮਝਦਾ,

5827	142	ਸੋ ਕਹੀਐ ਦੇਵਾਨਾ ਆਪੁ ਨ ਪਛਾਣਈ॥	(ਦੇਵਾਨਾ) ਮੂਰਖ	So Keheeai Dhaevaanaa Aap N Pashhaanee ||	Call him a mad-man, if he does not understand himself.	ਉਸ ਨੂੰ ਪਾਗਲ ਕਹਣਾ ਚਾਹੀਦਾ ਹੈ, ਉਹ ਆਪਣੇ ਅਸਲੇ ਨੂੰ ਪਛਾਣਦਾ ਨਹੀਂ।
5828	142	ਕਲਹਿ ਬੁਰੀ ਸੰਸਾਰਿ ਵਾਦੇ ਖਪੀਐ॥	(ਕਲ-ਹਿ) ਕਲੇਸ਼ ਵਾ ਕਲਪਨਾ। ਖਪੀਐ: ਪੋਲੇ ਬੋਲੋ। (ਵੱਾਦੇ) ਝਗੜਿਆਂ ਚ	Kalehi Buree Sansaar Vaadhae Khapeeai ||	The strife of this world is evil; these struggles are consuming it.	ਜਗਤ ਵਿਚ (ਵਿਕਾਰਾਂ ਦੀ) ਬਿਖਾਂਧ (ਐਸੀ) ਚੰਦਰੀ ਹੈ (ਵਿਕਾਰਾਂ ਵਿਚ ਪਿਆ ਮਨੁੱਖ ਵਿਕਾਰਾਂ ਦੇ) ਝੰਬੇਲੇ ਵਿਚ ਹੀ ਖਪਦਾ ਰਹਿੰਦਾ ਹੈ।
5829	142	ਵਿਣੁ ਨਾਵੈ ਵੇਕਾਰਿ ਭਰਮੇ ਪਚੀਐ॥	(ਪਚੀ-ਐ) ਖਪਦਾ	Vin Naavai Vaekaar Bharamae Pacheeai ||	Without the Lord's Name, life is worthless. Through doubt, the people are being destroyed.	ਪ੍ਰਭੂ ਦਾ ਨਾਮ ਛੱਡ ਕੇ ਮੰਦ ਕਰਮ ਤੇ ਭਟਕਣਾ ਵਿਚ ਖ਼ੁਆਰ ਹੁੰਦਾ ਹੈ।
5830	142	ਰਾਹ ਦੋਵੈ ਇਕੁ ਜਾਣੈ ਸੋਈ ਸਿਝਸੀ॥	(ਸਿੱਝਸੀ) ਮੁਕਤ ਹੋਵੇਗਾ	Raah Dhovai Eik Jaanai Soee Sijhasee ||	One who recognizes that all spiritual paths lead to the One shall be emancipated.	(ਮਨੁੱਖਾ ਜੀਵਨ ਦੇ) ਦੋ ਰਸਤੇ ਹਨ (ਮਾਇਆ ਤੇ ਨਾਮ), ਇਸ (ਜੀਵਨ ਵਿਚ) ਉਹੀ ਕਾਮਯਾਬ ਹੁੰਦਾ ਹੈ ਜੋ (ਦੋਹਾਂ ਰਸਤਿਆਂ ਵਿਚੋਂ) ਇਕ ਪਰਮਾਤਮਾ ਨੂੰ ਚੇਤੇ ਰੱਖਦਾ ਹੈ,
5831	142	ਕੁਫਰ ਗੋਅ ਕੁਫਰਾਣੈ ਪਇਆ ਦਝਸੀ॥	(ਕੁਫਰ) ਝੂਠ। (ਗੋਅ) ਬੋਲਣ ਕਰਕੇ। (ਕੁਫਰਾਣੈ) ਝੂਠ ਦਾ ਘਰ। (ਦੱਝਸੀ) ਸੜੇਗਾ	Kufar Goa Kufaraanai Paeiaa Dhajhasee ||	One who speaks lies shall fall into hell and burn.	(ਨਹੀਂ ਤਾਂ) ਝੂਠ ਵਿਚ ਗ਼ਲਤਾਨ ਹੋਇਆ ਹੋਇਆ ਹੀ ਸੜਦਾ ਹੈ।

5832	142	ਸਭ ਦੁਨੀਆ ਸੁਬਹਾਨੁ ਸਚਿ ਸਮਾਈਐ॥	(ਸੁਬ-ਹਾਨੁ) ਅਸਚਰਜ	Sabh Dhuneeaa Subehaan Sach Samaaeeai ||	In all the world, the most blessed and sanctified are those who remain absorbed in Truth.	ਜੋ ਮਨੁੱਖ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਜੁੜਿਆ ਹੋਇਆ ਹੈ, ਉਸ ਲਈ ਸਾਰਾ ਜਗਤ ਸੋਹਣਾ ਹੈ।
5833	142	ਸਿਝੈ ਦਰਿ ਦੀਵਾਨਿ ਆਪੁ ਗਵਾਈਐ॥੯॥	(ਸਿਝੈ) ਪਰਵਾਣ ਹੁੰਦਾ। (ਦੀਵਾਨਿ) ਦਰਗਾਹ ਚ	Sijhai Dhar Dheevaan Aap Gavaaeeai ||9||	One who eliminates selfishness and conceit is redeemed in the Court of the Lord. ||9||	ਉਹ ਖ਼ੁਦੀ ਮਿਟਾ ਕੇ ਪ੍ਰਭੂ ਦੇ ਦਰ ਤੇ ਪ੍ਰਭੂ ਦੀ ਦਰਗਾਹ ਵਿਚ ਸੁਰਖ਼ਰੂ ਹੁੰਦਾ ਹੈ ॥੯॥
5834	142	ਮਃ ੧ ਸਲੋਕੁ॥		Ma 1 Salok ||	First Mehl, Shalok:	
5835	142	ਸੋ ਜੀਵਿਆ ਜਿਸੁ ਮਨਿ ਵਸਿਆ ਸੋਇ॥		So Jeeviaa Jis Man Vasiaa Soe ||	They alone are truly alive, whose minds are filled with the Lord.	(ਅਸਲ ਵਿਚ) ਉਹ ਮਨੁੱਖ ਜੀਊਂਦਾ ਹੈ, ਜਿਸ ਦੇ ਮਨ ਵਿਚ ਪਰਮਾਤਮਾ ਵੱਸ ਰਿਹਾ ਹੈ।
5836	142	ਨਾਨਕ ਅਵਰੁ ਨ ਜੀਵੈ ਕੋਇ॥		Naanak Avar N Jeevai Koe ||	O Nanak, no one else is truly alive;	ਹੇ ਨਾਨਕ! (ਬੰਦਗੀ ਵਾਲੇ ਤੋਂ ਬਿਨਾ) ਕੋਈ ਹੋਰ ਜੀਊਂਦਾ ਨਹੀਂ ਹੈ।
5837	142	ਜੇ ਜੀਵੈ ਪਤਿ ਲਥੀ ਜਾਇ॥	(ਪਤਿ) ਇੱਜ਼ਤ, ਕਾਮ ਕ੍ਰੋਧ ਔਗੁਣ ਵਿਕਾਰਾਂ ਹੱਥੋਂ (ਲੱਥੀ) ਲਹੀ ਜਾਵੇ	Jae Jeevai Path Lathhee Jaae ||	Those who merely live shall depart in dishonor;	ਜੇ ਨਾਮ-ਵਿਹੂਣਾ (ਵੇਖਣ ਨੂੰ) ਜੀਊਂਦਾ (ਭੀ) ਹੈ ਤਾਂ ਉਹ ਇੱਜ਼ਤ ਗਵਾ ਕੇ (ਏਥੋਂ) ਜਾਂਦਾ ਹੈ,
5838	142	ਸਭੁ ਹਰਾਮੁ ਜੇਤਾ ਕਿਛੁ ਖਾਇ॥		Sabh Haraam Jaethaa Kishh Khaae ||	Everything they eat is impure.	ਜੋ ਕੁਝ (ਏਥੇ) ਖਾਂਦਾ ਪੀਂਦਾ ਹੈ, ਹਰਾਮ ਹੀ ਖਾਂਦਾ ਹੈ।
5839	142	ਰਾਜਿ ਰੰਗੁ ਮਾਲਿ ਰੰਗੁ॥	(ਰੰਗੁ) ਅਨੰਦ ਚ	Raaj Rang Maal Rang ||	Intoxicated with power and thrilled with wealth,	ਜਿਸ ਮਨੁੱਖ ਦਾ ਰਾਜ ਵਿਚ ਪਿਆਰ ਹੈ, ਮਾਲ ਵਿਚ ਮੋਹ ਹੈ,

5840	142	ਰੰਗਿ ਰਤਾ ਨਚੈ ਨੰਗੁ॥	(ਰੱਤਾ) ਰੰਗਿਆ। ਸ਼ੁਭ ਗੁਣਾ ਦੀ ਪੂੰਜੀ ਤੋਂ (ਨੰਗੁ) ਖਾਲੀ (ਨੰਗੁ) ਬੇਸ਼ਰਮ	Rang Rathaa Nachai Nang ||	They delight in their pleasures, and dance about shamelessly.	ਉਹ ਇਸ ਮੋਹ ਵਿਚ ਮਸਤਿਆ ਹੋਇਆ ਬੇ-ਸ਼ਰਮ ਹੋ ਕੇ ਨੱਚਦਾ ਹੈ (ਭਾਵ, ਮੱਚਦਾ ਹੈ, ਆਕੜਦਾ ਹੈ)।
5841	142	ਨਾਨਕ ਠਗਿਆ ਮੁਠਾ ਜਾਇ॥	(ਮੁੱਠਾ) ਲੁੱਟਿਆ। ਠੱਗਿਆ	Naanak Thagiaa Muthaa Jaae ||	O Nanak, they are deluded and defrauded.	ਹੇ ਨਾਨਕ! (ਉਹ) ਮਨੁੱਖ ਠੱਗਿਆ ਜਾ ਰਿਹਾ ਹੈ, ਲੁੱਟਿਆ ਜਾ ਰਿਹਾ ਹੈ,
5842	142	ਵਿਣੁ ਨਾਵੈ ਪਤਿ ਗਇਆ ਗਵਾਇ॥੧॥	ਗ-ਇਆ	Vin Naavai Path Gaeiaa Gavaae ||1||	Without the Lord's Name, they lose their honor and depart. ||1||	ਪ੍ਰਭੂ ਦੇ ਨਾਮ ਤੋਂ ਸੱਖਣਾ ਇੱਜ਼ਤ ਗਵਾ ਕੇ (ਇਥੋਂ) ਜਾਂਦਾ ਹੈ ॥੧॥
5843	142	ਮਃ ੧॥		Ma 1 ||	First Mehl:	
5844	142	ਕਿਆ ਖਾਧੈ ਕਿਆ ਪੈਧੈ ਹੋਇ॥		Kiaa Khaadhhai Kiaa Paidhhai Hoe ||	What good is food, and what good are clothes,	(ਸੋਹਣੇ ਭੋਜਨ) ਖਾਣ ਤੇ (ਸੋਹਣੇ ਕਪੜੇ) ਹੰਢਾਣ ਦਾ ਕੀਹ ਸੁਆਦ?
5845	142	ਜਾ ਮਨਿ ਨਾਹੀ ਸਚਾ ਸੋਇ॥		Jaa Man Naahee Sachaa Soe ||	If the True Lord does not abide within the mind?	ਜੇ ਉਹ ਸੱਚਾ ਪ੍ਰਭੂ ਹਿਰਦੇ ਵਿਚ ਨਹੀਂ ਵੱਸਦਾ, (ਜਿਸ ਪ੍ਰਭੂ ਨੇ ਸਾਰੇ ਸੋਹਣੇ ਪਦਾਰਥ ਦਿੱਤੇ ਹਨ)।
5846	142	ਕਿਆ ਮੇਵਾ ਕਿਆ ਘਿਉ ਗੁੜੁ ਮਿਠਾ ਕਿਆ ਮੈਦਾ ਕਿਆ ਮਾਸੁ॥	ਮਿੱਠਾ	Kiaa Maevaa Kiaa Ghio Gurr Mithaa Kiaa Maidhaa Kiaa Maas ||	What good are fruits, what good is ghee, sweet jaggery, what good is flour, and what good is meat?	ਕੀਹ ਹੋਇਆ ਜੇ ਮੇਵੇ, ਘਿਉ, ਮਿੱਠਾ ਗੁੜ ਮੈਦਾ ਤੇ ਮਾਸ ਆਦਿਕ ਪਦਾਰਥ ਵਰਤੇ?

5847	142	ਕਿਆ ਕਪੜੁ ਕਿਆ ਸੇਜ ਸੁਖਾਲੀ ਕੀਜਹਿ ਭੋਗ ਬਿਲਾਸ॥	(ਬਿਲਾਸ) ਰੰਗ ਰਲੀਆਂ	Kiaa Kaparr Kiaa Saej Sukhaalee Keejehi Bhog Bilaas ||	What good are clothes, and what good is a soft bed, to enjoy pleasures and sensual delights?	ਕੀ ਹੋਇਆ ਜੇ (ਸੋਹਣੇ) ਕੱਪੜੇ ਤੇ ਸੌਖੀ ਸੇਜ ਮਿਲ ਗਈ ਤੇ ਜੇ ਮੌਜਾਂ ਮਾਣ ਲਈਆਂ?
5848	142	ਕਿਆ ਲਸਕਰ ਕਿਆ ਨੇਬ ਖਵਾਸੀ ਆਵੈ ਮਹਲੀ ਵਾਸੁ॥	(ਲਸਕਰ) ਫ਼ੌਜ। (ਨੇਬ) ਚੋਬਦਾਰ। (ਖਵਾਸੀ) ਚੌਰਬਰਦਾਰ, ਖਾਸ ਟਹਿਲੂਆ। (ਵਾਸੁ) ਵਸਣਾ	Kiaa Lasakar Kiaa Naeb Khavaasee Aavai Mehalee Vaas ||	What good is an army, and what good are soldiers, servants and mansions to live in?	ਤਾਂ ਕੀਹ ਬਣ ਗਿਆ ਜੇ ਫ਼ੌਜ, ਚੋਬਦਾਰ, ਚੋਰੀ-ਬਰਦਾਰ ਮਿਲ ਗਏ ਤੇ ਮਹਲਾਂ ਵਿਚ ਵੱਸਣਾ ਨਸੀਬ ਹੋਇਆ?
5849	142	ਨਾਨਕ ਸਚੇ ਨਾਮ ਵਿਣੁ ਸਭੇ ਟੋਲ ਵਿਣਾਸੁ॥੨॥	(ਟੋਲ) ਪਦਾਰਥ। (ਵਿਣਾਸੁ) ਨਾਸਵੰਤ	Naanak Sachae Naam Vin Sabhae Ttol Vinaas ||2||	O Nanak, without the True Name, all this paraphernalia shall disappear. ||2||	ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਬਿਨਾ ਸਾਰੇ ਪਦਾਰਥ ਨਾਸਵੰਤ ਹਨ ॥੨॥
5850	142	ਪਵੜੀ॥		Pavarree ||	Pauree:	
5851	142	ਜਾਤੀ ਦੈ ਕਿਆ ਹਥਿ ਸਚੁ ਪਰਖੀਐ॥	ਜਾਤੀ। ਹੱਥਿ। ਪਰ-ਖੀਐ	Jaathee Dhai Kiaa Hathh Sach Parakheeai ||	What good is social class and status? Truthfulness is measured within.	(ਪ੍ਰਭੂ ਦੇ ਦਰ ਤੇ ਤਾਂ) ਸੱਚਾ ਨਾਮ (-ਰੂਪ ਸਉਦਾ) ਪਰਖਿਆ ਜਾਂਦਾ ਹੈ, ਜਾਤਿ ਦੇ ਹੱਥ ਵਿਚ ਕੁਝ ਨਹੀਂ ਹੈ (ਭਾਵ, ਕਿਸੇ ਜਾਤਿ ਵਰਣ ਦਾ ਕੋਈ ਲਿਹਾਜ਼ ਨਹੀਂ ਹੁੰਦਾ)।
5852	142	ਮਹੁਰਾ ਹੋਵੈ ਹਥਿ ਮਰੀਐ ਚਖੀਐ॥	(ਮਹੁਰਾ) ਜ਼ਹਰ। ਚੱਖੀਐ	Mahuraa Hovai Hathh Mareeai Chakheeai ||	Pride in one's status is like poison-holding it in your hand and eating it, you shall die.	(ਜਾਤਿ ਦਾ ਅਹੰਕਾਰ ਮਹੁਰੇ ਸਮਾਨ ਹੈ) ਜੇ ਕਿਸੇ ਪਾਸ ਮਹੁਰਾ ਹੋਵੇ (ਭਾਵੇਂ ਕਿਸੇ ਜਾਤਿ ਦਾ ਹੋਵੇ) ਜੇ ਮਹੁਰਾ ਖਾਇਗਾ ਤਾਂ ਮਰੇਗਾ।

5853	142	ਸਚੇ ਕੀ ਸਿਰਕਾਰ ਜੁਗੁ ਜੁਗੁ ਜਾਣੀਐ॥	(ਸਿਰਕਾਰ) ਪਾਤਿਸਾਹੀ। ਜੁੱਗੁ ਜੁੱਗੁ	Sachae Kee Sirakaar Jug Jug Jaaneeai ||	The True Lord's Sovereign Rule is known throughout the ages.	ਅਕਾਲ ਪੁਰਖ ਦਾ ਇਹ ਨਿਆਂ ਹਰੇਕ ਜੁਗ ਵਿਚ ਵਰਤਦਾ ਸਮਝ ਲਵੋ (ਭਾਵ, ਕਿਸੇ ਭੀ ਜੁਗ ਵਿਚ ਜਾਤਿ ਦਾ ਲਿਹਾਜ਼ ਨਹੀਂ ਹੋਇਆ)।
5854	142	ਹੁਕਮੁ ਮੰਨੇ ਸਿਰਦਾਰੁ ਦਰਿ ਦੀਬਾਣੀਐ॥	ਇੱਜ਼ਤ ਵਾਲੇ (ਸਿਰਦਾਰੁ) ਮੁਖੀ, ਰੱਬ ਸਰੂਪ। (ਦੀਬਾਣੀਐ) ਦਰਗਾਹ ਚ	Hukam Mannae Siradhaar Dhar Dheebaaneeai ||	One who respects the Hukam of the Lord's Command is honored and respected in the Court of the Lord.	ਪ੍ਰਭੂ ਦੇ ਦਰ ਤੇ, ਪ੍ਰਭੂ ਦੀ ਦਰਗਾਹ ਵਿਚ ਉਹੀ ਇੱਜ਼ਤ ਵਾਲਾ ਹੈ ਜੋ ਪ੍ਰਭੂ ਦਾ ਹੁਕਮ ਮੰਨਦਾ ਹੈ।
5855	142	ਫੁਰਮਾਨੀ ਹੈ ਕਾਰ ਖਸਮਿ ਪਠਾਇਆ॥	(ਫੁਰਮਾਨੀ) ਆਗਿਆ ਕੀਤੀ। (ਪਠਾਇਆ) ਭੇਜਿਆ	Furamaanee Hai Kaar Khasam Pathaaeiaa ||	By the Order of our Lord and Master, we have been brought into this world.	ਖਸਮ (ਪ੍ਰਭੂ) ਨੇ (ਜੀਵ ਨੂੰ) ਹੁਕਮ ਮੰਨਣ-ਰੂਪ ਕਾਰ ਦੇ ਕੇ (ਜਗਤ ਵਿਚ) ਭੇਜਿਆ ਹੈ।
5856	142	ਤਬਲਬਾਜ ਬੀਚਾਰ ਸਬਦਿ ਸੁਣਾਇਆ॥	ਗੁਰਸਬਦ ਰੂਪੀ (ਤਬਲ) ਨਗਾਰੇ ਨੂੰ ਵਜਾਉਣ ਵਾਲੇ (ਤਬਲ-ਬਾਜ) ਨਗਾਰਚੀ ਗੁਰੂ ਜੀ ਨੇ ਬ੍ਰਹਮ ਵਿਚਾਰ ਗੁਰਸਬਦ ਜੀ ਸੁਣਾਏ	Thabalabaaj Beechaar Sabadh Sunaaeiaa ||	The Drummer, the Guru, has announced the Lord's meditation, through the Word of the Shabad.	ਨਗਾਚਰੀ ਗੁਰੂ ਨੇ ਸ਼ਬਦ ਦੀ ਰਾਹੀਂ ਇਹੀ ਗੱਲ ਸੁਣਾਈ ਹੈ (ਭਾਵ, ਗੁਰੂ ਨੇ ਸ਼ਬਦ ਦੀ ਰਾਹੀਂ ਇਸੇ ਗੱਲ ਦਾ ਢੰਡੋਰਾ ਦੇ ਦਿੱਤਾ ਹੈ)।
5857	142	ਇਕਿ ਹੋਏ ਅਸਵਾਰ ਇਕਨਾ ਸਾਖਤੀ॥	(ਸਾਖਤੀ) ਦੁਮਚੀ ਪਾ ਕੇ ਘੋੜਾ ਤੁਰਨ ਲਈ ਤਿਆਰ ਵਾਂਗ (ਸਾਖਤੀ) ਤਿਆਰੀ ਕਰ ਲਈ	Eik Hoeae Asavaar Eikanaa Saakhathee ||	Some have mounted their horses in response, and others are saddling up.	(ਇਹ ਢੰਡੋਰਾ ਸੁਣ ਕੇ) ਕਈ (ਗੁਰਮੁਖ) ਤਾਂ ਅਸਵਾਰ ਹੋ ਗਏ ਹਨ (ਭਾਵ, ਇਸ ਰਾਹ ਤੇ ਤੁਰ ਪਏ ਹਨ), ਕਈ ਬੰਦੇ ਤਿਆਰ ਹੋ ਪਏ ਹਨ,

5858	142	ਇਕਨੀ ਬਧੇ ਭਾਰ ਇਕਨਾ ਤਾਖਤੀ॥੧੦॥	(ਤਾਖਤੀ) ਦੌੜ ਪਏ। ਬੱਧੇ	Eikanee Badhhae Bhaar Eikanaa Thaakhathee ||10||	Some have tied up their bridles, and others have already ridden off. ||10||	ਕਈਆਂ ਨੇ ਅਸਬਾਬ ਲੱਦ ਲਏ ਹਨ, ਤੇ ਕਈ ਛੇਤੀ ਦੌੜ ਪਏ ਹਨ ॥੧੦॥
5859	142	ਸਲੋਕੁ ਮਃ੧॥		Salok Ma 1 ||	Shalok, First Mehl:	
5860	142	ਜਾ ਪਕਾ ਤਾ ਕਟਿਆ ਰਹੀ ਸੁ ਪਲਰਿ ਵਾੜਿ॥	(ਪੱਲਰਿ) ਪਰਾਲੀ ਨਿਆਈਂ ਫੋਕੀ	Jaa Pakaa Thaa Kattiaa Rehee S Palar Vaarr ||	When the crop is ripe, then it is cut down; only the stalks are left standing.	ਜਦੋਂ (ਕਣਕ ਆਦਿਕ ਫ਼ਸਲ ਦਾ ਬੂਟਾ) ਪੱਕ ਜਾਂਦਾ ਹੈ ਤਾਂ (ਉਤੋਂ ਉੱਤੋਂ) ਵੱਢ ਲਈਦਾ ਹੈ, (ਕਣਕ ਦੀ) ਨਾੜ ਤੇ (ਪੈਲੀ ਦੀ) ਵਾੜ ਪਿੱਛੇ ਰਹਿ ਜਾਂਦੀ ਹੈ।
5861	142	ਸਣੁ ਕੀਸਾਰਾ ਚਿਥਿਆ ਕਣੁ ਲਇਆ ਤਨੁ ਝਾੜਿ॥	(ਸਣੁ) ਸਣੇ। (ਕੀਸਾਰਾ) ਕਸੀਰਾਂ ਦੀ ਨਿਆਈਂ ਇੰਦ੍ਰੇ। (ਕਣੁ) ਦਾਣੇ ਦੀ ਤਰ੍ਹਾਂ ਸੂਖਮ ਸ੍ਰੀਰ। ਚਿੱਥਿਆ	San Keesaaraa Chithhiaa Kan Laeiaa Than Jhaarr ||	The corn on the cob is put into the thresher, and the kernels are separated from the cobs.	ਇਸ ਨੂੰ ਸਿੱਟਿਆਂ ਸਮੇਤ ਗਾਹ ਲਈਦਾ ਹੈ, ਤੇ ਬੋਹਲ ਉਡਾ ਕੇ ਦਾਣੇ ਕੱਢ ਲਈਦੇ ਹਨ।
5862	142	ਦੁਇ ਪੁੜ ਚਕੀ ਜੋੜਿ ਕੈ ਪੀਸਣ ਆਇ ਬਹਿਠੁ॥	(ਬਹਿ-ਠੁ) ਬੈਠੇ	Dhue Purr Chakee Jorr Kai Peesan Aae Behith ||	Placing the kernels between the two mill-stones, people sit and grind the corn.	ਚੱਕੀ ਦੇ ਦੋਵੇਂ ਪੁੜ ਰੱਖ ਕੇ (ਇਹਨਾਂ ਦਾਣਿਆਂ ਨੂੰ) ਪੀਹਣ ਲਈ (ਪ੍ਰਾਣੀ) ਆ ਬੈਠਦਾ ਹੈ,

5863	142	ਜੋ ਦਰਿ ਰਹੇ ਸੁ ਉਬਰੇ ਨਾਨਕ ਅਜਬੁ ਡਿਠੁ॥੧॥	ਅਜਬੁ ਮਿਲਵਾਂ: ਪੋਲਾ ਬੋਲੋ। ਡਿੱਠੁ	Jo Dhar Rehae S Oubarae Naanak Ajab Ddith ||1||	Those kernels which stick to the central axle are spared-Nanak has seen this wonderful vision! ||1||	(ਪਰ) ਹੇ ਨਾਨਕ! ਇਕ ਅਚਰਜ ਤਮਾਸ਼ਾ ਵੇਖਿਆ ਹੈ, ਜੋ ਦਾਣੇ (ਚੱਕੀ ਦੇ) ਦਰ ਤੇ (ਭਾਵ, ਕਿੱਲੀ ਦੇ ਨੇੜੇ) ਰਹਿੰਦੇ ਹਨ, ਉਹ ਪੀਸਣੋਂ ਬਚ ਜਾਂਦੇ ਹਨ (ਇਸੇ ਤਰ੍ਹਾਂ, ਜੋ ਮਨੁੱਖ ਪ੍ਰਭੂ ਦੇ ਦਰ ਤੇ ਰਹਿੰਦੇ ਹਨ ਉਹਨਾਂ ਨੂੰ ਜਗਤ ਦੇ ਵਿਕਾਰ ਪੋਹ ਨਹੀਂ ਸਕਦੇ) ॥੧॥
5864	142	ਮਃ ੧॥		Ma 1 ||	First Mehl:	
5865	142	ਵੇਖੁ ਜਿ ਮਿਠਾ ਕਟਿਆ ਕਟਿ ਕੁਟਿ ਬਧਾ ਪਾਇ॥	(ਮਿੱਠਾ) ਗੰਨਾ। ਕੱਟਿਆ ਕੱਟਿ ਕੁੱਟਿ ਬੱਧਾ	Vaekh J Mithaa Kattiaa Katt Kutt Badhhaa Paae ||	Look, and see how the sugar-cane is cut down. After cutting away its branches, its feet are bound together into bundles,	(ਹੇ ਭਾਈ!) ਵੇਖ ਕਿ ਗੰਨਾ ਵੱਢੀਦਾ ਹੈ, ਛਿੱਲ ਛਿੱਲ ਕੇ, ਰੱਸੀ ਪਾ ਕੇ ਬੰਨ੍ਹ ਲਈਦਾ ਹੈ (ਭਾਵ, ਭਰੀਆਂ ਬੰਨ੍ਹ ਲਈਦੀਆਂ ਹਨ)।
5866	143	ਖੁੰਢਾ ਅੰਦਰਿ ਰਖਿ ਕੈ ਦੇਨਿ ਸੁ ਮਲ ਸਜਾਇ॥	(ਖੁੰਢਾ)ਵੇਲਣੇ। ਵੇਲਣਿਆਂ ਚ ਮਲ਼ ਕੇ (ਮੱਲ) ਜ਼ਿਮੀਂਦਾਰ ਅਥਵਾ ਪਹਿਲਵਾਨ ਜਮਦੂਤ	Khundtaa Andhar Rakh Kai Dhaen S Mal Sajaae ||	And then, it is placed between the wooden rollers and crushed.	ਫਿਰ ਵੇਲਣੇ ਦੀਆਂ ਲੱਠਾਂ ਵਿਚ ਰੱਖ ਕੇ ਭਲਵਾਨ (ਭਾਵ, ਜ਼ਿਮੀਦਾਰ) ਇਸ ਨੂੰ (ਮਾਨੋ) ਸਜ਼ਾ ਦੇਂਦੇ ਹਨ (ਭਾਵ, ਪੀੜਦੇ ਹਨ)।
5867	143	ਰਸੁ ਕਸੁ ਟਟਰਿ ਪਾਈਐ ਤਪੈ ਤੈ ਵਿਲਲਾਇ॥	ਰਸੁ (ਕਸੁ) ਖਿੱਚ ਕੇ। (ਟੱਟਰਿ) ਕੜਾਹਾ। (ਵਿਲਲਾਇ) ਵਿਰਲਾਪ ਕਰਦਾ	Ras Kas Ttattar Paaeeai Thapai Thai Vilalaae ||	What punishment is inflicted upon it! Its juice is extracted and placed in the cauldron; as it is heated, it groans and cries out.	ਸਾਰੀ ਰਹੁ ਕੜਾਹੇ ਵਿਚ ਪਾ ਲਈਦੀ ਹੈ, (ਅੱਗ ਦੇ ਸੇਕ ਨਾਲ ਇਹ ਰਹੁ) ਕੜ੍ਹਦੀ ਹੈ ਤੇ (ਮਾਨੋ) ਵਿਲਕਦੀ ਹੈ।

5868	143	ਭੀ ਸੋ ਫੋਗੁ ਸਮਾਲੀਐ ਦਿਚੈ ਅਗਿ ਜਾਲਾਇ॥	(ਫੋਗੁ) ਕਮਾਦ ਦੀ ਛਿੱਲ। ਦਿੱਚੈ ਅੱਗਿ	Bhee So Fog Samaaleeai Dhichai Ag Jaalaae ||	And then, the crushed cane is collected and burnt in the fire below.	(ਗੰਨੇ ਦਾ) ਉਹ ਫੋਗ (ਚੂਰਾ) ਭੀ ਸਾਂਭ ਲਈਦਾ ਹੈ ਤੇ (ਸੁਕਾ ਕੇ ਕੜਾਹੇ ਹੇਠ) ਅੱਗ ਵਿਚ ਸਾੜ ਦੇਈਦਾ ਹੈ।
5869	143	ਨਾਨਕ ਮਿਠੈ ਪਤਰੀਐ ਵੇਖਹੁ ਲੋਕਾ ਆਇ॥੨॥	ਪਤਰੀਐ:ਪੋਲਾ ਬੋਲੋ। (ਪਤਰੀਐ) ਪਤਿਆ ਕੇ ਦੇਖੋ ਮਿੱਠੇ ਦਾ ਕੀ ਹਾਲ ਹੋਇਆ, ਮੰਦੇ ਅਮਲ ਕਰਨ ਨਾਲ ਗੰਨੇ ਵਾਂਗ ਸਜ਼ਾ ਮਿਲਦੀ ਹੈ	Naanak Mithai Pathareeai Vaekhahu Lokaa Aae ||2||	Nanak: come, people, and see how the sweet sugar-cane is treated! ||2||	ਹੇ ਨਾਨਕ! (ਆਖ-) ਹੇ ਲੋਕੋ! ਆ ਕੇ (ਗੰਨੇ ਦਾ ਹਾਲ) ਵੇਖੋ, ਮਿੱਠੇ ਦੇ ਕਾਰਣ (ਮਾਇਆ ਦੀ ਮਿਠਾਸ ਦੇ ਮੋਹ ਦੇ ਕਾਰਨ ਗੰਨੇ ਵਾਂਗ ਇਉਂ ਹੀ) ਖ਼ੁਆਰ ਹੋਈਦਾ ਹੈ ॥੨॥
5870	143	ਪਵੜੀ॥		Pavarree ||	Pauree:	
5871	143	ਇਕਨਾ ਮਰਣੁ ਨ ਚਿਤਿ ਆਸ ਘਣੇਰਿਆ॥	(ਘਣੇਰਿਆ) ਬਹੁਤੀਆਂ	Eikanaa Maran N Chith Aas Ghanaeriaa ||	Some do not think of death; they entertain great hopes.	ਕਈ ਬੰਦੇ (ਦੁਨੀਆ ਦੀਆਂ) ਬੜੀਆਂ ਆਸਾਂ (ਮਨ ਵਿਚ ਬਣਾਂਦੇ ਰਹਿੰਦੇ ਹਨ, ਮੌਤ ਦਾ ਖ਼ਿਆਲ ਉਹਨਾਂ ਦੇ) ਚਿੱਤ ਵਿਚ ਨਹੀਂ ਆਉਂਦਾ।
5872	143	ਮਰਿ ਮਰਿ ਜੰਮਹਿ ਨਿਤ ਕਿਸੈ ਨ ਕੇਰਿਆ॥	ਕਿਸੇ (ਕੇਰਿਆ) ਦੇ ਨਹੀਂ	Mar Mar Janmehi Nith Kisai N Kaeriaa ||	They die, and are re-born, and die, over and over again. They are of no use at all!	ਉਹ ਨਿੱਤ ਜੰਮਦੇ ਮਰਦੇ ਹਨ, (ਭਾਵ, ਹਰ ਵੇਲੇ ਸਹਸਿਆਂ ਵਿਚ ਦੁਖੀ ਹੁੰਦੇ ਹਨ; ਕਦੇ ਘੜੀ ਸੁਖਾਲੇ ਤੇ ਫਿਰ ਦੁਖੀ ਦੇ ਦੁਖੀ)। ਕਿਸੇ ਦੇ ਭੀ ਉਹ (ਕਦੇ ਯਾਰ) ਨਹੀਂ ਬਣਦੇ।
5873	143	ਆਪਨੜੈ ਮਨਿ ਚਿਤਿ ਕਹਨਿ ਚੰਗੇਰਿਆ॥	ਆਪਨ-ੜੈ	Aapanarrai Man Chith Kehan Changaeriaa ||	In their conscious minds, they call themselves good.	ਉਹ ਲੋਕ ਆਪਣੇ ਮਨ ਵਿਚ ਚਿੱਤ ਵਿਚ (ਆਪਣੇ ਆਪ ਨੂੰ) ਚੰਗੇ ਆਖਦੇ ਹਨ,

5874	143	ਜਮਰਾਜੈ ਨਿਤ ਨਿਤ ਮਨਮੁਖ ਹੇਰਿਆ॥	(ਹੇਰਿਆ) ਦੇਖਿਆ	Jamaraajai Nith Nith Manamukh Haeriaa ||	The King of the Angels of Death hunts down those self-willed manmukhs, over and over again.	(ਪਰ) ਉਹਨਾਂ ਮਨਮੁਖਾਂ ਨੂੰ ਸਦਾ ਹੀ ਜਮਰਾਜ ਵੇਖਦਾ ਰਹਿੰਦਾ ਹੈ (ਭਾਵ, ਸਮਝਦੇ ਤਾਂ ਆਪਣੇ ਆਪ ਨੂੰ ਨੇਕ ਹਨ, ਪਰ ਕਰਤੂਤਾਂ ਉਹ ਹਨ ਜਿਨ੍ਹਾਂ ਕਰਕੇ ਜਮਾਂ ਦੇ ਵੱਸ ਪੈਂਦੇ ਹਨ)।
5875	143	ਮਨਮੁਖ ਲੂਣਹਾਰਾਮ ਕਿਆ ਨ ਜਾਣਿਆ॥	ਪਰਮਾਤਮਾ ਜੀ ਦਾ (ਕਿਆ) ਕੀਤਾ ਹੋਇਆ	Manamukh Loon Haaraam Kiaa N Jaaniaa ||	The manmukhs are false to their own selves; they feel no gratitude for what they have been given.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਲੂਣ-ਹਰਾਮੀ ਬੰਦੇ ਪਰਮਾਤਮਾ ਦੇ ਕੀਤੇ ਉਪਕਾਰ (ਦੀ ਸਾਰ) ਨਹੀਂ ਜਾਣਦੇ।
5876	143	ਬਧੇ ਕਰਨਿ ਸਲਾਮ ਖਸਮ ਨ ਭਾਣਿਆ॥	ਮਾਇਆ ਚ (ਬੱਧੇ) ਬੰਨ੍ਹੇ ਹੋਏ ਮਾਇਆ ਨੂੰ ਸਲਾਮ ਕਰਦੇ ਹਨ, ਉਨ੍ਹਾਂ ਨੂੰ (ਖਸਮ) ਪ੍ਰਮਾਤਮਾ ਜੀ (ਨ) ਨਹੀਂ (ਭਾਣਿਆ) ਭਾਉਂਦੇ	Badhhae Karan Salaam Khasam N Bhaaniaa ||	Those who merely perform rituals of worship are not pleasing to their Lord and Master.	ਬੱਧੇ-ਰੁੱਧੇ ਹੀ (ਉਸ ਨੂੰ) ਸਲਾਮਾਂ ਕਰਦੇ ਹਨ, (ਇਸ ਤਰ੍ਹਾਂ) ਉਸ ਖਸਮ ਨੂੰ ਪਿਆਰੇ ਨਹੀਂ ਲੱਗ ਸਕਦੇ।
5877	143	ਸਚੁ ਮਿਲੈ ਮੁਖਿ ਨਾਮੁ ਸਾਹਿਬ ਭਾਵਸੀ॥	ਜੇ (ਸਾਹਿਬ) ਵਾਹਿਗੁਰੂ ਜੀ (ਭਾਵਸੀ) ਭਾਅ ਜਾਣ ਤਾਂ (ਸਚੁ) ਵਾਹਿਗੁਰੂ ਜੀ ਦਾ ਨਾਮੁ ਮੁਖਿ ਚ (ਮਿਲੈ) ਜਪਣ	Sach Milai Mukh Naam Saahib Bhaavasee ||	Those who attain the True Lord and chant His Name are pleasing to the Lord.	(ਜਿਸ ਮਨੁੱਖ ਨੂੰ) ਰੱਬ ਮਿਲ ਪਿਆ ਹੈ, ਜਿਸ ਦੇ ਮੂੰਹ ਵਿਚ ਰੱਬ ਦਾ ਨਾਮ ਹੈ, ਉਹ ਖਸਮ (ਰੱਬ) ਨੂੰ ਪਿਆਰਾ ਲੱਗਦਾ ਹੈ।

5878	143	ਕਰਸਨਿ ਤਖਤਿ ਸਲਾਮੁ ਲਿਖਿਆ ਪਾਵਸੀ॥੧੧॥	ਤਖਤਿ ਪਰ ਵਾਹਿਗੁਰੂ ਜੀ ਨੂੰ ਸਲਾਮੁ (ਕਰਸਨਿ) ਕਰਨ ਤਾਂ ਵਾਹਿਗੁਰੂ ਜੀ ਦਾ (ਲਿਖਿਆ) ਮਿਹਰ (ਪਾਵਸੀ) ਪ੍ਰਾਪਤ ਕਰਕੇ ਮਾਇਆ ਦੇ ਬੰਧਨਾਂ ਤੋਂ ਛੁੱਟ ਜਾਣ	Karasan Thakhath Salaam Likhiaa Paavasee ||11||	They worship the Lord and bow at His Throne. They fulfill their pre-ordained destiny. ||11||	ਉਸ ਨੂੰ ਤਖਤ ਉਤੇ (ਬੈਠੇ ਨੂੰ) ਸਾਰੇ ਲੋਕ ਸਲਾਮ ਕਰਦੇ ਹਨ, (ਧੁਰੋਂ ਰੱਬ ਵਲੋਂ) ਲਿਖੇ ਇਸ ਲੇਖ (ਦੇ ਫਲ ਨੂੰ) ਉਹ ਪ੍ਰਾਪਤ ਕਰਦਾ ਹੈ ॥੧੧॥
5879	143	ਮਃ ੧ ਸਲੋਕੁ॥		Ma 1 Salok ||	First Mehl, Shalok:	
5880	143	ਮਛੀ ਤਾਰੂ ਕਿਆ ਕਰੇ ਪੰਖੀ ਕਿਆ ਆਕਾਸੁ॥	ਜਿਵੇਂ ਮੱਛੀ (ਤਾਰੂ) ਤਰ ਕੇ ਸਮੁੰਦਰ ਦਾ (ਕਿਆ) ਕੀ ਅੰਤ ਪਾ ਸਕਦੀ ਹੈ ਭਾਵ ਨਹੀਂ ਪਾ ਸਕਦੀ, ਪੰਖੀ ਆਕਾਸੁ ਦਾ ਅੰਤ ਨਹੀਂ ਪਾ ਸਕਦਾ	Mashhee Thaaroo Kiaa Karae Pankhee Kiaa Aakaas ||	What can deep water do to a fish? What can the vast sky do to a bird?	ਤਾਰੂ ਪਾਣੀ ਮੱਛੀ ਨੂੰ ਕੀਹ ਕਰ ਸਕਦਾ ਹੈ? (ਭਾਵੇਂ ਕਿਤਨਾ ਹੀ ਡੂੰਘਾ ਹੋਵੇ ਮੱਛੀ ਨੂੰ ਪਰਵਾਹ ਨਹੀਂ)। ਆਕਾਸ਼ ਪੰਛੀ ਨੂੰ ਕੀਹ ਕਰ ਸਕਦਾ ਹੈ? (ਆਕਾਸ਼ ਕਿਤਨਾ ਹੀ ਖੁਲ੍ਹਾ ਹੋਵੇ ਪੰਛੀ ਨੂੰ ਪਰਵਾਹ ਨਹੀਂ।) (ਪਾਣੀ ਆਪਣੀ ਡੂੰਘਾਈ ਦਾ ਤੇ ਆਕਾਸ਼ ਆਪਣੀ ਖੁਲ੍ਹਾ ਦਾ ਅਸਰ ਨਹੀਂ ਪਾ ਸਕਦਾ)।
5881	143	ਪਥਰ ਪਾਲਾ ਕਿਆ ਕਰੇ ਖੁਸਰੇ ਕਿਆ ਘਰ ਵਾਸੁ॥	(ਪਾਲ਼ਾ) ਠੰਢ ਪੱਥਰ ਨੂੰ (ਕਿਆ) ਕੀ ਕਰ ਸਕਦੀ ਹੈ	Pathhar Paalaa Kiaa Karae Khusarae Kiaa Ghar Vaas ||	What can cold do to a stone? What is married life to a eunuch?	ਪਾਲਾ (ਕੱਕਰ) ਪੱਥਰ ਉਤੇ ਅਸਰ ਨਹੀਂ ਪਾ ਸਕਦਾ, ਘਰ ਦੇ ਵਸੇਬੇ ਦਾ ਅਸਰ ਖੁਸਰੇ (ਹੀਜੜੇ) ਉਤੇ ਨਹੀਂ ਪੈਂਦਾ।

5882	143	ਕੁਤੇ ਚੰਦਨੁ ਲਾਈਐ ਭੀ ਸੋ ਕੁਤੀ ਧਾਤੁ॥		Kuthae Chandhan Laaeeai Bhee So Kuthee Dhhaath ||	You may apply sandalwood oil to a dog, but he will still be a dog.	ਜੇ ਕੁੱਤੇ ਨੂੰ ਚੰਦਨ ਭੀ ਲਾ ਦੇਈਏ, ਤਾਂ ਭੀ ਉਸ ਦਾ ਅਸਲਾ ਕੁੱਤਿਆਂ ਵਾਲਾ ਹੀ ਰਹਿੰਦਾ ਹੈ।
5883	143	ਬੋਲਾ ਜੇ ਸਮਝਾਈਐ ਪੜੀਅਹਿ ਸਿੰਮ੍ਰਿਤਿ ਪਾਠ॥	ਬੋਲ਼ਾ: ਪੋਲਾ ਬੋਲੋ।ਪੜ੍ਹੀ-ਅਹਿ। ਸਿੰਮਾ੍ਰਤਿ: ਮੰਮਾ ਮੁਕਤਾ, ਅੱਧਾ ਰਾਰਾ੍ ਪੋਲਾ ਬੋਲ ਕੇ ਇੱਕ ਸਿਹਾਰੀ ਅੱਧੇ ਰਾਰੇ, ਇੱਕ ਸਿਹਾਰੀ ਤੱਤੇ ਲਾਉ	Bolaa Jae Samajhaaeeai Parreeahi Sinmrith Paath ||	You may try to teach a deaf person by reading the Simritees to him, but how will he learn?	ਬੋਲੇ ਮਨੁੱਖ ਨੂੰ ਜੇ ਮੱਤਾਂ ਦੇਈਏ ਤੇ ਸਿੰਮ੍ਰਿਤੀਆਂ ਦੇ ਪਾਠ ਉਸ ਦੇ ਕੋਲ ਕਰੀਏ (ਉਹ ਤਾਂ ਸੁਣ ਹੀ ਨਹੀਂ ਸਕਦਾ)।
5884	143	ਅੰਧਾ ਚਾਨਣਿ ਰਖੀਐ ਦੀਵੇ ਬਲਹਿ ਪਚਾਸ॥		Andhhaa Chaanan Rakheeai Dheevae Balehi Pachaas ||	You may place a light before a blind man and burn fifty lamps, but how will he see?	ਅੰਨ੍ਹੇ ਮਨੁੱਖ ਨੂੰ ਚਾਨਣ ਵਿਚ ਰੱਖਿਆ ਜਾਏ, (ਉਸ ਦੇ ਪਾਸ ਭਾਵੇਂ) ਪੰਜਾਹ ਦੀਵੇ ਪਏ ਬਲਣ (ਉਸ ਨੂੰ ਕੁਝ ਨਹੀਂ ਦਿੱਸਣਾ)।
5885	143	ਚਉਣੇ ਸੁਇਨਾ ਪਾਈਐ ਚੁਣਿ ਚੁਣਿ ਖਾਵੈ ਘਾਸੁ॥	(ਚਉਣੇ) ਪਸ਼ੂਆਂ ਨੂੰ	Chounae Sueinaa Paaeeai Chun Chun Khaavai Ghaas ||	You may place gold before a herd of cattle, but they will pick out the grass to eat.	ਚੁਗਣ ਗਏ ਪਸ਼ੂਆਂ ਦੇ ਵੱਗ ਅਗੇ ਜੇ ਸੋਨਾ ਖਿਲਾਰ ਦੇਈਏ, ਤਾਂ ਭੀ ਉਹ ਘਾਹ ਚੁਗ ਚੁਗ ਕੇ ਹੀ ਖਾਏਗਾ (ਸੋਨੇ ਦੀ ਉਸ ਨੂੰ ਕਦਰ ਨਹੀਂ ਪੈ ਸਕਦੀ)।
5886	143	ਲੋਹਾ ਮਾਰਣਿ ਪਾਈਐ ਢਹੈ ਨ ਹੋਇ ਕਪਾਸ॥		Lohaa Maaran Paaeeai Dtehai N Hoe Kapaas ||	You may add flux to iron and melt it, but it will not become soft like cotton.	ਲੋਹੇ ਦਾ ਕੁਸ਼ਤਾ ਕਰ ਦੇਈਏ, ਤਾਂ ਭੀ ਢਲ ਕੇ ਉਹ ਕਪਾਹ (ਵਰਗਾ ਨਰਮ) ਨਹੀਂ ਬਣ ਸਕਦਾ।

5887	143	ਨਾਨਕ ਮੂਰਖ ਏਹਿ ਗੁਣ ਬੋਲੇ ਸਦਾ ਵਿਣਾਸੁ॥੧॥	(ਵਿਣਾਸੁ) ਬੇਅਰਥ	Naanak Moorakh Eaehi Gun Bolae Sadhaa Vinaas ||1||	O Nanak, this is the nature of a fool- everything he speaks is useless and wasted. ||1||	ਹੇ ਨਾਨਕ! ਇਹੀ ਖ਼ੋਆਂ ਮੂਰਖ ਦੀਆਂ ਹਨ, ਕਿਤਨੀ ਮਤ ਦਿਓ, ਉਹ ਜਦੋਂ ਭੀ ਬੋਲਦਾ ਹੈ ਸਦਾ (ਉਹੀ ਬੋਲਦਾ ਹੈ ਜਿਸ ਨਾਲ ਕਿਸੇ ਦਾ) ਨੁਕਸਾਨ ਹੀ ਹੋਵੇ ॥੧॥
5888	143	ਮਃ ੧॥		Ma 1 ||	First Mehl:	
5889	143	ਕੈਹਾ ਕੰਚਨੁ ਤੁਟੈ ਸਾਰੁ॥	(ਕੈਹਾਂ) ਕਾਂਸੀ	Kaihaa Kanchan Thuttai Saar ||	When pieces of bronze or gold or iron break,	ਜੇ ਕੈਹਾਂ, ਸੋਨਾ ਜਾਂ ਲੋਹਾ ਟੁੱਟ ਜਾਏ,
5890	143	ਅਗਨੀ ਗੰਢੁ ਪਾਏ ਲੋਹਾਰੁ॥		Aganee Gandt Paaeae Lohaar ||	The metal-smith welds them together again in the fire, and the bond is established.	ਅੱਗ ਨਾਲ ਲੋਹਾਰ (ਆਦਿਕ) ਗਾਂਢਾ ਲਾ ਦੇਂਦਾ ਹੈ।
5891	143	ਗੋਰੀ ਸੇਤੀ ਤੁਟੈ ਭਤਾਰੁ॥	(ਗੋਰੀ) ਇਸਤ੍ਰੀ (ਸੇਤੀ) ਨਾਲ	Goree Saethee Thuttai Bhathaar ||	If a husband leaves his wife,	ਜੇ ਵਹੁਟੀ ਨਾਲ ਖਸਮ ਨਾਰਾਜ਼ ਹੋ ਜਾਏ,
5892	143	ਪੁਤੀਂ ਗੰਢੁ ਪਵੈ ਸੰਸਾਰਿ॥		Puthanaee Gandt Pavai Sansaar ||	Their children may bring them back together in the world, and the bond is established.	ਤਾਂ ਜਗਤ ਵਿਚ (ਇਹਨਾਂ ਦਾ) ਜੋੜ ਪੁੱਤ੍ਰਾਂ ਦੀ ਰਾਹੀਂ ਬਣਦਾ ਹੈ।
5893	143	ਰਾਜਾ ਮੰਗੈ ਦਿਤੈ ਗੰਢੁ ਪਾਇ॥		Raajaa Mangai Dhithai Gandt Paae ||	When the king makes a demand, and it is met, the bond is established.	ਰਾਜਾ (ਪਰਜਾ ਪਾਸੋਂ ਮਾਮਲਾ) ਮੰਗਦਾ ਹੈ, (ਨਾਹ ਦਿੱਤਾ ਜਾਏ ਤਾਂ ਰਾਜਾ ਪਰਜਾ ਦੀ ਵਿਗੜਦੀ ਹੈ, ਮਾਮਲਾ) ਦਿੱਤਿਆਂ (ਰਾਜਾ ਪਰਜਾ ਦਾ) ਮੇਲ ਬਣਦਾ ਹੈ।

5894	143	ਭੁਖਿਆ ਗੰਢੁ ਪਵੈ ਜਾ ਖਾਇ॥	ਭੁੱਖਿਆਂ	Bhukhiaa Gandt Pavai Jaa Khaae ||	When the hungry man eats, he is satisfied, and the bond is established.	ਭੁੱਖ ਨਾਲ ਆਤੁਰ ਹੋਏ ਬੰਦੇ ਦਾ (ਆਪਣੇ ਸਰੀਰ ਨਾਲ ਤਾਂ ਹੀ) ਸੰਬੰਧ ਬਣਿਆ ਰਹਿੰਦਾ ਹੈ ਜੇ ਉਹ (ਰੋਟੀ) ਖਾਏ।
5895	143	ਕਾਲ੍ਹਾ ਗੰਢੁ ਨਦੀਆ ਮੀਹ ਝੋਲ॥	ਨਦੀਆ(ਝੋਲ) ਝੋਲੇ ਮਾਰ ਕੇ, ਉੱਛਲ ਕੇ ਵਗਣ	Kaalaa Gandt Nadheeaa Meeh Jhol ||	In the famine, the rain fills the streams to overflowing, and the bond is established.	ਕਾਲਾਂ ਨੂੰ ਗੰਢ ਪੈਂਦੀ ਹੈ (ਭਾਵ, ਕਾਲ ਮੁੱਕ ਜਾਂਦੇ ਹਨ) ਜੇ ਬਹੁਤੇ ਮੀਂਹ ਪੈ ਕੇ ਨਦੀਆਂ ਚੱਲਣ।
5896	143	ਗੰਢੁ ਪਰੀਤੀ ਮਿਠੇ ਬੋਲ॥	ਮਿੱਠੇ	Gandt Pareethee Mithae Bol ||	There is a bond between love and words of sweetness.	ਮਿੱਠੇ ਬਚਨਾਂ ਨਾਲ ਪਿਆਰ ਦੀ ਗੰਢ ਪੈਂਦੀ ਹੈ (ਭਾਵ, ਪਿਆਰ ਪੱਕਾ ਹੁੰਦਾ ਹੈ।
5897	143	ਬੇਦਾ ਗੰਢੁ ਬੋਲੇ ਸਚੁ ਕੋਇ॥	(ਬੇਦਾ) ਗਿਆਨ	Baedhaa Gandt Bolae Sach Koe ||	When one speaks the Truth, a bond is established with the Holy Scriptures.	ਵੇਦ (ਆਦਿਕ ਧਰਮ ਪੁਸਤਕਾਂ) ਨਾਲ (ਮਨੁੱਖ ਦਾ ਤਦੋਂ) ਜੋੜ ਜੋੜਦਾ ਹੈ ਜੇ ਮਨੁੱਖ ਸੱਚ ਬੋਲੇ।
5898	143	ਮੁਇਆ ਗੰਢੁ ਨੇਕੀ ਸਤੁ ਹੋਇ॥		Mueiaa Gandt Naekee Sath Hoe ||	Through goodness and truth, the dead establish a bond with the living.	ਮੁਏ ਬੰਦਿਆਂ ਦਾ (ਜਗਤ ਨਾਲ) ਸੰਬੰਧ ਬਣਿਆ ਰਹਿੰਦਾ ਹੈ (ਭਾਵ, ਪਿਛੋਂ ਲੋਕ ਯਾਦ ਕਰਦੇ ਹਨ) ਜੇ ਮਨੁੱਖ ਭਲਾਈ ਤੇ ਦਾਨ ਕਰਦਾ ਰਹੇ।
5899	143	ਏਤੁ ਗੰਢਿ ਵਰਤੈ ਸੰਸਾਰੁ॥		Eaeth Gandt Varathai Sansaar ||	Such are the bonds which prevail in the world.	(ਸੋ) ਇਸ ਤਰ੍ਹਾਂ ਦੇ ਸੰਬੰਧ ਨਾਲ ਜਗਤ (ਦਾ ਵਿਹਾਰ) ਚੱਲਦਾ ਹੈ।
5900	143	ਮੂਰਖ ਗੰਢੁ ਪਵੈ ਮੁਹਿ ਮਾਰ॥		Moorakh Gandt Pavai Muhi Maar ||	The fool establishes his bonds only when he is slapped in the face.	ਮੂੰਹ ਤੇ ਮਾਰ ਪਿਆਂ ਮੂਰਖ (ਦੇ ਮੂਰਖ-ਪੁਣੇ) ਨੂੰ ਰੋਕ ਪਾਂਦੀ ਹੈ।

5901	143	ਨਾਨਕੁ ਆਖੈ ਏਹੁ ਬੀਚਾਰੁ॥		Naanak Aakhai Eaehu Beechaar ||	Nanak says this after deep reflection:	ਨਾਨਕ ਇਹ ਵਿਚਾਰ (ਦੀ ਗੱਲ) ਦੱਸਦਾ ਹੈ,
5902	143	ਸਿਫਤੀ ਗੰਢੁ ਪਵੈ ਦਰਬਾਰਿ॥੨॥		Sifathee Gandt Pavai Dharabaar ||2||	Through the Lord's Praise, we establish a bond with His Court. ||2||	ਕਿ (ਪਰਮਾਤਮਾ ਦੀ) ਸਿਫ਼ਤ-ਸਾਲਾਹ ਦੀ ਰਾਹੀਂ (ਪ੍ਰਭੂ ਦੇ ਦਰਬਾਰ ਵਿਚ (ਆਦਰ-ਪਿਆਰ ਦਾ) ਜੋੜ ਜੁੜਦਾ ਹੈ ॥੨॥
5903	143	ਪਉੜੀ॥		Pourree ||	Pauree:	
5904	143	ਆਪੇ ਕੁਦਰਤਿ ਸਾਜਿ ਕੈ ਆਪੇ ਕਰੇ ਬੀਚਾਰੁ॥		Aapae Kudharath Saaj Kai Aapae Karae Beechaar ||	He Himself created and adorned the Universe, and He Himself contemplates it.	ਪਰਮਾਤਮਾ ਆਪ ਹੀ ਦੁਨੀਆ ਪੈਦਾ ਕਰ ਕੇ ਆਪ ਹੀ ਇਸ ਦਾ ਧਿਆਨ ਰੱਖਦਾ ਹੈ।
5905	143	ਇਕਿ ਖੋਟੇ ਇਕਿ ਖਰੇ ਆਪੇ ਪਰਖਣਹਾਰੁ॥		Eik Khottae Eik Kharae Aapae Parakhanehaar ||	Some are counterfeit, and some are genuine. He Himself is the Appraiser.	(ਪਰ ਇਥੇ) ਕਈ ਜੀਵ ਖੋਟੇ ਹਨ (ਭਾਵ, ਮਨੁੱਖਤਾ ਦੇ ਮਾਪ ਤੋਂ ਹੌਲੇ ਹਨ) ਤੇ ਕਈ (ਸ਼ਾਹੀ ਸਿੱਕੇ ਵਾਂਗ ਖਰੇ ਹਨ, (ਇਹਨਾਂ ਸਭਨਾਂ ਦੀ) ਪਰਖ ਕਰਨ ਵਾਲਾ ਭੀ ਆਪ ਹੀ ਹੈ।
5906	143	ਖਰੇ ਖਜਾਨੈ ਪਾਈਅਹਿ ਖੋਟੇ ਸਟੀਅਹਿ ਬਾਹਰ ਵਾਰਿ॥	ਪਾਈ-ਅਹਿ, ਸਟੀ-ਅਹਿ	Kharae Khajaanai Paaeeahi Khottae Satteeahi Baahar Vaar ||	The genuine are placed in His Treasury, while the counterfeit are thrown away.	(ਰੁਪਏ ਆਦਿਕ ਵਾਂਗ) ਖਰੇ ਬੰਦੇ (ਪ੍ਰਭੂ ਦੇ) ਖ਼ਜ਼ਾਨੇ ਵਿਚ ਪਾਏ ਜਾਂਦੇ ਹਨ (ਭਾਵ, ਉਹਨਾਂ ਦਾ ਜੀਵਨ ਪ੍ਰਵਾਨ ਹੁੰਦਾ ਹੈ ਤੇ) ਖੋਟੇ ਬਾਹਰਲੇ ਪਾਸੇ ਸੁੱਟੇ ਜਾਂਦੇ ਹਨ (ਭਾਵ, ਇਹ ਜੀਵ ਭਲਿਆਂ ਵਿਚ ਰਲ ਨਹੀਂ ਸਕਦੇ)।

5907	143	ਖੋਟੇ ਸਚੀ ਦਰਗਹ ਸੁਟੀਅਹਿ ਕਿਸੁ ਆਗੈ ਕਰਹਿ ਪੁਕਾਰ॥		Khottae Sachee Dharageh Sutteeahi Kis Aagai Karehi Pukaar ||	The counterfeit are thrown out of the True Court-unto whom should they complain?	ਸੱਚੀ ਦਰਗਾਹ ਵਿਚੋਂ ਇਹਨਾਂ ਨੂੰ ਧੱਕਾ ਮਿਲਦਾ ਹੈ। ਕੋਈ ਹੋਰ ਥਾਂ ਐਸਾ ਨਹੀਂ ਜਿਥੇ ਇਹ (ਸਹੈਤਾ ਲਈ) ਫ਼ਰਿਆਦ ਕਰ ਸਕਣ।
5908	143	ਸਤਿਗੁਰ ਪਿਛੈ ਭਜਿ ਪਵਹਿ ਏਹਾ ਕਰਣੀ ਸਾਰੁ॥	ਪਿੱਛੈ ਭੱਜਿ। (ਸਾਰੁ) ਸ੍ਰੇਸ਼ਟ	Sathigur Pishhai Bhaj Pavehi Eaehaa Karanee Saar ||	They should worship and follow the True Guru-this is the lifestyle of excellence.	(ਇਹਨਾਂ ਹੌਲੇ ਜੀਵਨ ਵਾਲੇ ਜੀਵਾਂ ਲਈ) ਸਭ ਤੋਂ ਚੰਗੀ ਕਰਨ ਵਾਲੀ ਗੱਲ ਇਹੀ ਹੈ ਕਿ ਸਤਿਗੁਰੂ ਦੀ ਸਰਨੀ ਜਾ ਪੈਣ।
5909	143	ਸਤਿਗੁਰੁ ਖੋਟਿਅਹੁ ਖਰੇ ਕਰੇ ਸਬਦਿ ਸਵਾਰਣਹਾਰੁ॥	ਸਵਾਰਣ-ਹਾਰੁ	Sathigur Khottiahu Kharae Karae Sabadh Savaaranehaar ||	The True Guru converts the counterfeit into genuine; through the Word of the Shabad, He embellishes and exalts us.	ਗੁਰੂ ਖੋਟਿਆਂ ਤੋਂ ਖਰੇ ਬਣਾ ਦੇਂਦਾ ਹੈ (ਕਿਉਂਕਿ ਗੁਰੂ ਆਪਣੇ) ਸ਼ਬਦ ਦੀ ਰਾਹੀਂ ਖਰੇ ਬਣਾਣ ਦੇ ਸਮਰੱਥ ਹੈ।
5910	143	ਸਚੀ ਦਰਗਹ ਮੰਨੀਅਨਿ ਗੁਰ ਕੈ ਪ੍ਰੇਮ ਪਿਆਰਿ॥		Sachee Dharageh Manneean Gur Kai Praem Piaar ||	Those who have enshrined love and affection for the Guru, are honored in the True Court.	(ਫਿਰ ਉਹ) ਸਤਿਗੁਰ ਦੇ ਬਖ਼ਸ਼ੇ ਪ੍ਰੇਮ ਪਿਆਰ ਦੇ ਕਾਰਨ ਪਰਾਮਤਮਾ ਦੀ ਦਰਗਾਹ ਵਿਚ ਆਦਰ ਪਾਂਦੇ ਹਨ,
5911	143	ਗਣਤ ਤਿਨਾ ਦੀ ਕੋ ਕਿਆ ਕਰੇ ਜੋ ਆਪਿ ਬਖਸੇ ਕਰਤਾਰਿ॥੧੨॥		Ganath Thinaa Dhee Ko Kiaa Karae Jo Aap Bakhasae Karathaar ||12||	Who can estimate the value of those who have been forgiven by the Creator Lord Himself? ||12||	ਤੇ ਜਿਨ੍ਹਾਂ ਨੂੰ ਕਰਤਾਰ ਨੇ ਆਪ ਬਖ਼ਸ਼ ਲਿਆ ਉਹਨਾਂ ਦੀ ਐਬ-ਜੋਈ ਕਿਸੇ ਕੀਹ ਕਰਨੀ ਹੋਈ? ॥੧੨॥

5912	143	ਸਲੋਕੁ ਮਃ ੧॥		Salok Ma 1 ||	Shalok, First Mehl:	
5913	143	ਹਮ ਜੇਰ ਜਿਮੀ ਦੁਨੀਆ ਪੀਰਾ ਮਸਾਇਕਾ ਰਾਇਆ॥	(ਹਮ)ਤਮਾਮ। (ਜੇਰ) ਨੀਚੇ। (ਮਸਾਇਕਾ) ਮਿਹਨਤ ਕਰਨ ਵਾਲੇ	Ham Jaer Jimee Dhuneeaa Peeraa Masaaeikaa Raaeiaa ||	All the spiritual teachers, their disciples and the rulers of the world shall be buried under the ground.	ਪੀਰ, ਸ਼ੇਖ਼, ਰਾਇ (ਆਦਿਕ) ਸਾਰੀ ਦੁਨੀਆ ਧਰਤੀ ਦੇ ਥੱਲੇ (ਅੰਤ ਨੂੰ ਆ ਜਾਂਦੇ ਹਨ)।
5914	143	ਮੇਰਵਦਿ ਬਾਦਿਸਾਹਾ ਅਫਜੂ ਖੁਦਾਇਆ॥	(ਮੇ-ਰ-ਵੱਦਿ) ਚਲੇ ਜਾਣਗੇ। (ਅਫਜੂ)ਬਾਕੀ	Mae Ravadh Baadhisaahaa Afajoo Khudhaae ||	The emperors shall also pass away; God alone is Eternal.	(ਇਸ ਧਰਤੀ ਤੇ ਹੁਕਮ ਕਰਨ ਵਾਲੇ) ਬਾਦਸ਼ਾਹ ਭੀ ਨਾਸ ਹੋ ਜਾਂਦੇ ਹਨ, ਸਦਾ ਟਿਕੇ ਰਹਿਣ ਵਾਲਾ, ਹੇ ਖ਼ੁਦਾਇ!
5915	143	ਏਕ ਤੂਹੀ ਏਕ ਤੁਹੀ॥੧॥		Eaek Thoohee Eaek Thuhee ||1||	You alone, Lord, You alone. ||1||	ਇਕ ਤੂੰ ਹੀ ਹੈਂ, ਇਕ ਤੂੰ ਹੀ ਹੈਂ ॥੧॥
5916	143	ਮਃ ੧॥		Ma 1 ||	First Mehl:	
5917	143	ਨ ਦੇਵ ਦਾਨਵਾ ਨਰਾ॥	(ਦਾਨਵਾ) ਦੈਂਤ	N Dhaev Dhaanavaa Naraa ||	Neither the angels, nor the demons, nor human beings,	ਨਾਹ ਦੇਵਤੇ, ਨਾਹ ਦੈਂਤ, ਨਾਹ ਮਨੁੱਖ,
5918	143	ਨ ਸਿਧ ਸਾਧਿਕਾ ਧਰਾ॥	(ਸਾਧਿਕਾ) ਸਾਧਨ ਕਰਨ ਵਾਲੇ। (ਧਰਾ) ਧਰਤੀ	N Sidhh Saadhhikaa Dhharaa ||	Nor the Siddhas, nor the seekers shall remain on the earth.	ਨਾਹ ਜੋਗ-ਸਾਧਨਾਂ ਵਿਚ ਪੁੱਗੇ ਜੋਗੀ, ਨਾਹ ਜੋਗ-ਸਾਧਨ ਕਰਨ ਵਾਲੇ, ਕੋਈ ਭੀ ਧਰਤੀ ਤੇ ਨਾਹ ਰਿਹਾ।
5919	143	ਅਸਤਿ ਏਕ ਦਿਗਰਿ ਕੁਈ॥	(ਅਸ-ਤਿ) ਹੈ, ਸਦਾ ਥਿਰ। (ਦਿਗਰਿ) ਹੋਰ ਦੂਜਾ। (ਕੁਈ) ਕੌਣ। ਕੁਈ: ਔਂਕੜ ਸੰਕੋਚ ਕੇ ਬੋਲੋ	Asath Eaek Dhigar Kuee ||	Who else is there?	ਸਦਾ-ਥਿਰ ਰਹਿਣ ਵਾਲਾ ਹੋਰ ਦੂਜਾ ਕੌਣ ਹੈ?

5920	144	ੲਕ ਤੁਈ ੲਕ ਤੁਈ॥੨॥	ਤੁਈ: ਔਂਕੜ ਸੰਕੋਚ ਕੇ ਬੋਲੋ	Eaek Thuee Eaek Thuee ||2||	You alone, Lord, You alone. ||2||	(ਸਦਾ ਕਾਇਮ ਰਹਿਣ ਵਾਲਾ, ਹੇ ਪ੍ਰਭੂ!) ਇਕ ਤੂੰ ਹੀ ਹੈਂ, ਇਕ ਤੂੰ ਹੀ ਹੈਂ ॥੨॥
5921	144	ਮਃ ੧॥		Ma 1 ||	First Mehl:	
5922	144	ਨ ਦਾਦੇ ਦਿਹੰਦ ਆਦਮੀ॥	ਦੱਾਦੇ	N Dhaadhae Dhihandh Aadhamee ||	Neither the just, nor the generous, nor any humans at all,	ਨਾਹ ਹੀ ਇਨਸਾਫ਼ ਕਰਨ ਵਾਲੇ (ਭਾਵ, ਦੂਜਿਆਂ ਦੇ ਝਗੜੇ ਨਿਬੇੜਨ ਵਾਲੇ) ਆਦਮੀ ਸਦਾ ਟਿਕੇ ਰਹਿਣ ਵਾਲੇ ਹਨ,
5923	144	ਨ ਸਪਤ ਜੇਰ ਜਿਮੀ॥	ਸਪਤ: ਪੋਲਾ ਬੋਲੋ	N Sapath Jaer Jimee ||	Nor the seven realms beneath the earth, shall remain.	ਨਾਹ ਹੀ ਧਰਤੀ ਦੇ ਹੇਠਲੇ ਸੱਤ (ਪਤਾਲ ਹੀ) ਸਦਾ ਰਹਿ ਸਕਦੇ ਹਨ।
5924	144	ਅਸਤਿ ੲਕ ਦਿਗਰਿ ਕੁਈ॥		Asath Eaek Dhigar Kuee ||	The One Lord alone exists. Who else is there?	ਸਦਾ ਰਹਿਣ ਵਾਲਾ ਹੋਰ ਦੂਜਾ ਕੌਣ ਹੈ?
5925	144	ੲਕ ਤੁਈ ੲਕ ਤੁਈ॥੩॥		Eaek Thuee Eaek Thuee ||3||	You alone, Lord, You alone. ||3||	(ਹੇ ਪ੍ਰਭੂ! ਸਦਾ ਕਾਇਮ ਰਹਿਣ ਵਾਲਾ) ਇਕ ਤੂੰ ਹੀ ਹੈ ਇਕ ਤੂੰ ਹੀ ਹੈ ॥੩॥
5926	144	ਮਃ ੧॥		Ma 1 ||	First Mehl:	
5927	144	ਨ ਸੂਰ ਸਸਿ ਮੰਡਲੋ॥	(ਮੰਡਲੋ) ਬ੍ਰਹਮੰਡ। ਸਸਿ: ਪੋਲਾ ਬੋਲੋ	N Soor Sas Manddalo ||	Neither the sun, nor the moon, nor the planets,	ਨਾ ਸੂਰਜ, ਨਾਹ ਚੰਦਰਮਾ, ਨਾਹ ਇਹ ਦਿੱਸਦਾ ਆਕਾਸ਼,
5928	144	ਨ ਸਪਤ ਦੀਪ ਨਹ ਜਲੋ॥	(ਸਪਤ) ਸੱਤ	N Sapath Dheep Neh Jalo ||	Nor the seven continents, nor the oceans,	ਨਾਹ ਧਰਤੀ ਦੇ ਸੱਤ ਦੀਪ, ਨਾਹ ਪਾਣੀ,
5929	144	ਅੰਨ ਪਉਣ ਥਿਰੁ ਨ ਕੁਈ॥	(ਕੁਈ) ਕੋਈ	Ann Poun Thhir N Kuee ||	Nor food, nor the wind-nothing is permanent.	ਨ ਅੰਨ, ਨਾਹ ਹਵਾ-ਕੋਈ ਭੀ ਥਿਰ ਰਹਿਣ ਵਾਲਾ ਨਹੀਂ।

5930	144	ਏਕੁ ਤੁਈ ਏਕੁ ਤੁਈ॥੪॥		Eaek Thuee Eaek Thuee ||4||	You alone, Lord, You alone. ||4||	(ਸਦਾ ਰਹਿਣ ਵਾਲਾ, ਹੇ ਪ੍ਰਭੂ!) ਇਕ ਤੂੰ ਹੀ ਹੈਂ, ਇਕ ਤੂੰ ਹੀ ਹੈਂ ॥੪॥
5931	144	ਮਃ ੧॥		Ma 1 ||	First Mehl:	
5932	144	ਨ ਰਿਜਕੁ ਦਸਤ ਆ ਕਸੇ॥	(ਆ) ਹੋਰ (ਕਸੇ) ਕਿਸੇ ਮਨੁੱਖ ਦੇ (ਦਸਤ) ਹੱਥ ਚ ਨਹੀਂ	N Rijak Dhasath Aa Kasae ||	Our sustenance is not in the hands of any person.	(ਜੀਵਾਂ ਦਾ) ਰਿਜ਼ਕ (ਪਰਮਾਤਮਾ ਤੋਂ ਬਿਨਾ) ਕਿਸੇ ਹੋਰ ਦੇ ਹੱਥ ਵਿਚ ਨਹੀਂ ਹੈ।
5933	144	ਹਮਾ ਰਾ ਏਕੁ ਆਸ ਵਸੇ॥	(ਹਮਾ)ਤਮਾਮ। (ਰਾ) ਦਾ	Hamaa Raa Eaek Aas Vasae ||	The hopes of all rest in the One Lord.	ਸਭ ਜੀਵਾਂ ਨੂੰ, ਬੱਸ, ਇਕ ਪ੍ਰਭੂ ਦੀ ਆਸ ਹੈ।
5934	144	ਅਸਤਿ ਏਕੁ ਦਿਗਰ ਕੁਈ॥		Asath Eaek Dhigar Kuee ||	The One Lord alone exists-who else is there?	(ਕਿਉਂਕਿ ਸਦਾ-ਥਿਰ) ਹੋਰ ਹੈ ਹੀ ਕੋਈ ਨਹੀਂ।
5935	144	ਏਕ ਤੁਈ ਏਕੁ ਤੁਈ॥੫॥		Eaek Thuee Eaek Thuee ||5||	You alone, Lord, You alone. ||5||	ਸਦਾ ਰਹਿਣ ਵਾਲਾ, ਹੇ ਪ੍ਰਭੂ! ਇਕ ਤੂੰ ਹੀ ਹੈਂ ॥੫॥
5936	144	ਮਃ ੧॥		Ma 1 ||	First Mehl:	
5937	144	ਪਰੰਦਏ ਨ ਗਿਰਾਹ ਜਰ॥	(ਪ-ਰੰ-ਦਏ) ਪੰਛੀ। (ਗਿਰਾਹ) ਪੱਲੇ। (ਜਰ) ਧਨ	Parandheae N Giraah Jar ||	The birds have no money in their pockets.	ਪੰਛੀਆਂ ਦੇ ਗੰਢੇ-ਪੱਲੇ ਧਨ ਨਹੀਂ ਹੈ।
5938	144	ਦਰਖਤ ਆਬ ਆਸ ਕਰ॥	(ਆਬ) ਪਾਣੀ। ਦਰੱਖਤ	Dharakhath Aab Aas Kar ||	They place their hopes on trees and water.	ਉਹ (ਪ੍ਰਭੂ ਦੇ ਬਣਾਏ ਹੋਏ) ਰੁੱਖਾਂ ਤੇ ਪਾਣੀ ਦਾ ਆਸਰਾ ਹੀ ਲੈਂਦੇ ਹਨ।
5939	144	ਦਿਹੰਦ ਸੁਈ॥	(ਦਿਹੰਦ) ਦੇਣ ਵਾਲੇ (ਸੁਈ) ਸੋ ਪ੍ਰਭੂ ਜੀ	Dhihandh Suee ||	He alone is the Giver.	ਉਹਨਾਂ ਨੂੰ ਰੋਜ਼ੀ ਦੇਣ ਵਾਲਾ ਉਹੀ ਪ੍ਰਭੂ ਹੈ।

5940	144	ਏਕ ਤੁਈ ਏਕ ਤੁਈ॥੬॥		Eaek Thuee Eaek Thuee ||6||	You alone, Lord, You alone. ||6||	(ਹੇ ਪ੍ਰਭੂ! ਇਹਨਾਂ ਦਾ ਰਿਜ਼ਕ-ਦਾਤਾ) ਇਕ ਤੂੰ ਹੀ ਹੈਂ ਇਕ ਤੂੰ ਹੀ ਹੈਂ ॥੬॥
5941	144	ਮਃ ੧॥		Ma 1 ||	First Mehl:	
5942	144	ਨਾਨਕ ਲਿਲਾਰਿ ਲਿਖਿਆ ਸੋਇ॥	(ਲਿਲਾਰਿ) ਮੱਥੇ ਉੱਪਰ	Naanak Lilaar Likhiaa Soe ||	O Nanak, that destiny which is pre-ordained and written on one's forehead	ਹੇ ਨਾਨਕ! (ਜੀਵ ਦੇ) ਮੱਥੇ ਉਤੇ (ਜੋ ਕੁਝ ਕਰਤਾਰ ਵਲੋਂ) ਲਿਖਿਆ ਗਿਆ ਹੈ,
5943	144	ਮੇਟਿ ਨ ਸਾਕੈ ਕੋਇ॥		Maett N Saakai Koe ||	No one can erase it.	ਉਸ ਨੂੰ ਕੋਈ ਮਿਟਾ ਨਹੀਂ ਸਕਦਾ।
5944	144	ਕਲਾ ਧਰੈ ਹਿਰੈ ਸੁਈ॥	(ਕਲਾ) ਜੀਵਨ ਸੱਤਿਆ। (ਹਿਰੈ) ਚੁਰਾ ਲੈਂਦੇ	Kalaa Dharai Hirai Suee ||	The Lord infuses strength, and He takes it away again.	(ਜੀਵ ਦੇ ਅੰਦਰ) ਉਹੀ ਸੱਤਿਆ ਪਾਂਦਾ ਹੈ, ਉਹੀ ਖੋਹ ਲੈਂਦਾ ਹੈ।
5945	144	ਏਕੁ ਤੁਈ ਏਕੁ ਤੁਈ॥੭॥		Eaek Thuee Eaek Thuee ||7||	You alone, O Lord, You alone. ||7||	(ਹੇ ਪ੍ਰਭੂ! ਜੀਵਾਂ ਨੂੰ ਸੱਤਿਆ ਦੇਣ ਤੇ ਖੋਹ ਲੈਣ ਵਾਲਾ) ਇਕ ਤੂੰ ਹੀ ਹੈਂ ਇਕ ਤੂੰ ਹੀ ਹੈਂ ॥੭॥
5946	144	ਪਉੜੀ॥		Pourree ||	Pauree:	
5947	144	ਸਚਾ ਤੇਰਾ ਹੁਕਮੁ ਗੁਰਮੁਖਿ ਜਾਣਿਆ॥		Sachaa Thaeraa Hukam Guramukh Jaaniaa ||	True is the Hukam of Your Command. To the Gurmukh, it is known.	(ਹੇ ਪ੍ਰਭੂ!) ਤੇਰਾ ਹੁਕਮ ਸਦਾ-ਥਿਰ ਰਹਿਣ ਵਾਲਾ ਹੈ, ਗੁਰੂ ਦੇ ਸਨਮੁਖ ਹੋਇਆਂ ਇਸ ਦੀ ਸਮਝ ਪੈਂਦੀ ਹੈ।
5948	144	ਗੁਰਮਤੀ ਆਪੁ ਗਵਾਇ ਸਚੁ ਪਛਾਣਿਆ॥		Guramathee Aap Gavaae Sach Pashhaaniaa ||	Through the Guru's Teachings, selfishness and conceit are eradicated, and the Truth is realized.	ਜਿਸ ਨੇ ਗੁਰੂ ਦੀ ਮਤਿ ਲੈ ਕੇ ਆਪਾ-ਭਾਵ ਦੂਰ ਕੀਤਾ ਹੈ, ਉਸ ਨੇ ਤੈਨੂੰ ਸਦਾ ਕਾਇਮ ਰਹਿਣ ਵਾਲੇ ਨੂੰ ਪਛਾਣ ਲਿਆ ਹੈ।

5949	144	ਸਚੁ ਤੇਰਾ ਦਰਬਾਰੁ ਸਬਦੁ ਨੀਸਾਣਿਆ॥		Sach Thaeraa Dharabaar Sabadh Neesaaniaa ||	True is Your Court. It is proclaimed and revealed through the Word of the Shabad.	ਹੇ ਪ੍ਰਭੂ! ਤੇਰਾ ਦਰਬਾਰ ਸਦਾ-ਥਿਰ ਹੈ, (ਇਸ ਤਕ ਅੱਪੜਨ ਲਈ ਗੁਰੂ ਦਾ) ਸ਼ਬਦ ਰਾਹਦਾਰੀ ਹੈ।
5950	144	ਸਚਾ ਸਬਦੁ ਵੀਚਾਰਿ ਸਚਿ ਸਮਾਣਿਆ॥		Sachaa Sabadh Veechaar Sach Samaaniaa ||	Meditating deeply on the True Word of the Shabad, I have merged into the Truth.	ਜਿਨ੍ਹਾਂ ਨੇ ਸੱਚੇ ਸ਼ਬਦ ਨੂੰ ਵਿਚਾਰਿਆ ਹੈ, ਉਹ ਸੱਚ ਵਿਚ ਲੀਨ ਹੋ ਜਾਂਦੇ ਹਨ।
5951	144	ਮਨਮੁਖ ਸਦਾ ਕੂੜਿਆਰ ਭਰਮਿ ਭੁਲਾਣਿਆ॥		Manamukh Sadhaa Koorriaar Bharam Bhulaaniaa ||	The self-willed manmukhs are always false; they are deluded by doubt.	(ਪਰ) ਮਨ ਦੇ ਪਿੱਛੇ ਤੁਰਨ ਵਾਲੇ ਕੂੜ (ਹੀ) ਵਿਹਾਝਦੇ ਹਨ, ਭਟਕਣਾ ਵਿਚ ਖੁੰਝੇ ਫਿਰਦੇ ਹਨ।
5952	144	ਵਿਸਟਾ ਅੰਦਰਿ ਵਾਸੁ ਸਾਦੁ ਨ ਜਾਣਿਆ॥		Visattaa Andhar Vaas Saadh N Jaaniaa ||	They dwell in manure, and they do not know the taste of the Name.	ਉਹਨਾਂ ਦਾ ਵਸੇਬਾ ਗੰਦ ਵਿਚ ਹੀ ਰਹਿੰਦਾ ਹੈ, (ਸ਼ਬਦ ਦਾ) ਆਨੰਦ ਉਹ ਨਹੀਂ ਸਮਝ ਸਕੇ।
5953	144	ਵਿਣੁ ਨਾਵੈ ਦੁਖੁ ਪਾਇ ਆਵਣ ਜਾਣਿਆ॥		Vin Naavai Dhukh Paae Aavan Jaaniaa ||	Without the Name, they suffer the agonies of coming and going.	ਪਰਮਾਤਮਾ ਦੇ ਨਾਮ ਤੋਂ ਬਿਨਾ ਦੁੱਖ ਪਾ ਕੇ ਜਨਮ ਮਰਨ (ਦੇ ਚੱਕਰ ਵਿਚ ਪਏ ਰਹਿੰਦੇ ਹਨ)।
5954	144	ਨਾਨਕ ਪਾਰਖੁ ਆਪਿ ਜਿਨਿ ਖੋਟਾ ਖਰਾ ਪਛਾਣਿਆ॥੧੩॥		Naanak Paarakh Aap Jin Khottaa Kharaa Pashhaaniaa ||13||	O Nanak, the Lord Himself is the Appraiser, who distinguishes the counterfeit from the genuine. ||13||	ਹੇ ਨਾਨਕ! ਪਰਖਣ ਵਾਲਾ ਪ੍ਰਭੂ ਆਪ ਹੀ ਹੈ, ਜਿਸ ਨੇ ਖੋਟੇ ਖਰੇ ਨੂੰ ਪਛਾਣਿਆ ਹੈ (ਭਾਵ, ਪ੍ਰਭੂ ਆਪ ਹੀ ਜਾਣਦਾ ਹੈ ਕਿ ਖੋਟਾ ਕੌਣ ਹੈ ਤੇ ਖਰਾ ਕੌਣ ਹੈ) ॥੧੩॥

5955	144	ਸਲੋਕੁ ਮਃ ੧॥		Salok Ma 1 ||	Shalok, First Mehl:	
5956	144	ਸੀਹਾ ਬਾਜਾ ਚਰਗਾ ਕੁਹੀਆ ਏਨਾ ਖਵਾਲੇ ਘਾਹ॥	(ਸੀਹਾ) ਸ਼ੇਰਾਂ। ਬਾਜਾਂ। ਚਰਗਾਂ ਕੁਹੀਆਂ ਬਾਜ ਦੀਆਂ ਕਿਸਮਾਂ ਹਨ	Seehaa Baajaa Charagaa Kuheeaa Eaenaa Khavaalae Ghaah ||	Tigers, hawks, falcons and eagles-the Lord could make them eat grass.	ਪ੍ਰਭੂ ਸ਼ੇਰਾਂ, ਬਾਜਾਂ, ਚਰਗਾਂ, ਕੁਹੀਆ (ਆਦਿਕ ਮਾਸਾਹਾਰੀਆਂ ਨੂੰ ਜੇ ਚਾਹੇ ਤਾਂ) ਘਾਹ ਖਵਾ ਦੇਂਦਾ ਹੈ (ਭਾਵ, ਉਹਨਾਂ ਦੀ ਮਾਸ ਖਾਣ ਦੀ ਵਾਦੀ ਤਬਦੀਲ ਕਰ ਦੇਂਦਾ ਹੈ)।
5957	144	ਘਾਹੁ ਖਾਨਿ ਤਿਨਾ ਮਾਸੁ ਖਵਾਲੇ ਏਹਿ ਚਲਾਏ ਰਾਹ॥		Ghaahu Khaan Thinaa Maas Khavaalae Eaehi Chalaaeae Raah ||	And those animals which eat grass-He could make them eat meat. He could make them follow this way of life.	ਜੋ ਘਾਹ ਖਾਂਦੇ ਹਨ ਉਹਨਾਂ ਨੂੰ ਮਾਸ ਖਵਾ ਦੇਂਦਾ ਹੈ-ਸੋ, ਪ੍ਰਭੂ ਇਹੋ ਜਿਹੇ ਰਾਹ ਤੋਰ ਦੇਂਦਾ ਹੈ।
5958	144	ਨਦੀਆ ਵਿਚਿ ਟਿਬੇ ਦੇਖਾਲੇ ਥਲੀ ਕਰੇ ਅਸਗਾਹ॥	(ਅਸਗਾਹ) ਅਥਾਹ ਜਲ। ਥਲੀ: ਪੋਲਾ ਬੋਲੋ, ਟਿੱਬੇ	Nadheeaa Vich Ttibae Dhaekhaalae Thhalee Karae Asagaah ||	He could raise dry land from the rivers, and turn the deserts into bottomless oceans.	ਪ੍ਰਭੂ (ਵਗਦੀਆਂ) ਨਦੀਆਂ ਵਿਚ ਟਿੱਬੇ ਵਿਖਾਲ ਦੇਂਦਾ ਹੈ, ਰੇਤਲੇ ਥਾਵਾਂ ਨੂੰ ਡੂੰਘੇ ਪਾਣੀ ਬਣਾ ਦੇਂਦਾ ਹੈ।
5959	144	ਕੀੜਾ ਥਾਪਿ ਦੇਇ ਪਾਤਿਸਾਹੀ ਲਸਕਰ ਕਰੇ ਸੁਆਹ॥		Keerraa Thhaap Dhaee Paathisaahee Lasakar Karae Suaah ||	He could appoint a worm as king, and reduce an army to ashes.	ਕੀੜੇ ਨੂੰ ਬਾਦਸ਼ਾਹੀ (ਤਖ਼ਤ) ਉੱਤੇ ਥਾਪ ਦੇਂਦਾ ਹੈ (ਬਿਠਾ ਦੇਂਦਾ ਹੈ), (ਤੇ ਬਾਦਸ਼ਾਹਾਂ ਦੇ) ਲਸ਼ਕਰਾਂ ਨੂੰ ਸੁਆਹ ਕਰ ਦੇਂਦਾ ਹੈ।

5960	144	ਜੇਤੇ ਜੀਅ ਜੀਵਹਿ ਲੈ ਸਾਹਾ ਜੀਵਾਲੇ ਤਾ ਕਿ ਅਸਾਹ॥	(ਤਾ) ਕੀ ਅਸਚਰਜ ਹੈ। (ਅਸਾਹ) ਬਿਨਾ ਸੁਆਸਾਂ ਤੋਂ। ਤਾਂ	Jaethae Jeea Jeevehi Lai Saahaa Jeevaalae Thaa K Asaah ||	All beings and creatures live by breathing, but He could keep us alive, even without the breath.	ਜਿਤਨੇ ਭੀ ਜੀਵ (ਜਗਤ ਵਿਚ) ਜੀਉਂਦੇ ਹਨ, ਸਾਹ ਲੈ ਕੇ ਜੀਉਂਦੇ ਹਨ, (ਭਾਵ, ਤਦ ਤਕ ਜੀਉਂਦੇ ਹਨ ਜਦ ਤਕ ਸਾਹ ਲੈਂਦੇ ਹਨ, (ਪਰ ਜੇ ਪ੍ਰਭੂ) ਜੀਉਂਦੇ ਰੱਖਣੇ ਚਾਹੇ, ਤਾਂ 'ਸਾਹ' ਦੀ ਭੀ ਕੀਹ ਮੁਥਾਜੀ ਹੈ?
5961	144	ਨਾਨਕ ਜਿਉ ਜਿਉ ਸਚੇ ਭਾਵੈ ਤਿਉ ਤਿਉ ਦੇਇ ਗਿਰਾਹ॥੧॥	(ਗਿਰਾਹ) ਭੋਜਨ	Naanak Jio Jio Sachae Bhaavai Thio Thio Dhaee Giraah ||1||	O Nanak, as it pleases the True Lord, He gives us sustenance. ||1||	ਹੇ ਨਾਨਕ! ਜਿਵੇਂ ਜਿਵੇਂ ਪ੍ਰਭੂ ਦੀ ਰਜ਼ਾ ਹੈ, ਤਿਵੇਂ ਤਿਵੇਂ (ਜੀਵਾਂ) ਨੂੰ ਰੋਜ਼ੀ ਦੇਂਦਾ ਹੈ ॥੧॥
5962	144	ਮਃ ੧॥		Ma 1 ||	First Mehl:	
5963	144	ਇਕਿ ਮਾਸਹਾਰੀ ਇਕਿ ਤ੍ਰਿਣੁ ਖਾਹਿ॥	(ਤ੍ਰਿਣੁ) ਘਾਹ	Eik Maasehaaree Eik Thrin Khaahi ||	Some eat meat, while others eat grass.	ਕਈ ਜੀਵ ਮਾਸ ਖਾਣ ਵਾਲੇ ਹਨ, ਕਈ ਘਾਹ ਖਾਂਦੇ ਹਨ।
5964	144	ਇਕਨਾ ਛਤੀਹ ਅੰਮ੍ਰਿਤ ਪਾਹਿ॥		Eikanaa Shhatheeh Anmrith Paahi ||	Some have all the thirty-six varieties of delicacies,	ਕਈ ਪ੍ਰਾਣੀਆਂ ਨੂੰ ਕਈ ਕਿਸਮਾਂ ਦੇ ਸੁਆਦਲੇ ਭੋਜਨ ਮਿਲਦੇ ਹਨ,
5965	144	ਇਕਿ ਮਿਟੀਆ ਮਹਿ ਮਿਟੀਆ ਖਾਹਿ॥	ਮਿੱਟੀਆ	Eik Mitteeaa Mehi Mitteeaa Khaahi ||	While others live in the dirt and eat mud.	ਤੇ ਕਈ ਮਿੱਟੀ ਵਿਚ (ਰਹਿ ਕੇ) ਮਿੱਟੀ ਖਾਂਦੇ ਹਨ।

5966	144	ਇਕਿ ਪਉਣ ਸੁਮਾਰੀ ਪਉਣ ਸੁਮਾਰਿ॥	(ਸੁਮਾਰੀ) ਗਿਣਤੀ ਕਰਨ ਵਾਲੇ ਭਾਵ ਸੁਆਸਾਂ ਨੂੰ ਚੜ੍ਹਾਉਣ ਵਾਲੇ। ਸੁ-ਮਾਰਿ: ਪੌਣ ਨੂੰ ਖਾਣ ਵਾਲੇ	Eik Poun Sumaaree Poun Sumaar ||	Some control the breath, and regulate their breathing.	ਕਈ ਪ੍ਰਾਣਾਯਾਮ ਦੇ ਅੱਭਿਆਸੀ ਪ੍ਰਾਣਾਯਾਮ ਵਿਚ ਲੱਗੇ ਰਹਿੰਦੇ ਹਨ,
5967	144	ਇਕਿ ਨਿਰੰਕਾਰੀ ਨਾਮ ਆਧਾਰਿ॥		Eik Nirankaaree Naam Aadhhaar ||	Some live by the Support of the Naam, the Name of the Formless Lord.	ਕਈ ਨਿਰੰਕਾਰ ਦੇ ਉਪਾਸ਼ਕ (ਉਸ ਦੇ) ਨਾਮ ਦੇ ਆਸਰੇ ਜੀਉਂਦੇ ਹਨ।
5968	144	ਜੀਵੈ ਦਾਤਾ ਮਰੈ ਨ ਕੋਇ॥		Jeevai Dhaathaa Marai N Koe ||	The Great Giver lives; no one dies.	ਜੋ ਮਨੁੱਖ (ਇਹ ਮੰਨਦਾ ਹੈ ਕਿ) ਸਿਰ ਤੇ ਦਾਤਾ ਰਾਖਾ ਹੈ ਉਹ (ਪ੍ਰਭੂ ਨੂੰ ਵਿਸਾਰ ਕੇ ਆਤਮਕ ਮੌਤ) ਨਹੀਂ ਮਰਦਾ।
5969	144	ਨਾਨਕ ਮੁਠੇ ਜਾਹਿ ਨਾਹੀ ਮਨਿ ਸੋਇ॥੨॥	(ਮੁੱਠੇ) ਲੁੱਟੇ ਜਾਣਗੇ	Naanak Muthae Jaahi Naahee Man Soe ||2||	O Nanak, those who do not enshrine the Lord within their minds are deluded. ||2||	ਹੇ ਨਾਨਕ! ਉਹ ਜੀਵ ਠੱਗੇ ਜਾਂਦੇ ਹਨ, ਜਿਨ੍ਹਾਂ ਦੇ ਮਨ ਵਿਚ ਉਹ ਪ੍ਰਭੂ ਨਹੀਂ ਹੈ ॥੨॥
5970	144	ਪਉੜੀ॥		Pourree ||	Pauree:	
5971	144	ਪੂਰੇ ਗੁਰ ਕੀ ਕਾਰ ਕਰਮਿ ਕਮਾਈਐ॥		Poorae Gur Kee Kaar Karam Kamaaeeai ||	By the karma of good actions, some come to serve the Perfect Guru.	ਪੂਰੇ ਸਤਿਗੁਰੂ ਦੀ ਦੱਸੀ ਹੋਈ ਕਾਰ (ਪ੍ਰਭੂ ਦੀ) ਮਿਹਰ ਨਾਲ ਹੀ ਕੀਤੀ ਜਾ ਸਕਦੀ ਹੈ,

5972	144	ਗੁਰਮਤੀ ਆਪੁ ਗਵਾਇ ਨਾਮੁ ਧਿਆਈਐ॥		Guramathee Aap Gavaae Naam Dhhiaaeeai ||	Through the Guru's Teachings, some eliminate selfishness and conceit, and meditate on the Naam, the Name of the Lord.	ਗੁਰੂ ਦੀ ਮਤਿ ਨਾਲ ਆਪਾ-ਭਾਵ ਗਵਾ ਕੇ ਪ੍ਰਭੂ ਦਾ ਨਾਮ ਸਿਮਰਿਆ ਜਾ ਸਕਦਾ ਹੈ।
5973	144	ਦੂਜੀ ਕਾਰੈ ਲਗਿ ਜਨਮੁ ਗਵਾਈਐ॥		Dhoojee Kaarai Lag Janam Gavaaeeai ||	Undertaking any other task, they waste their lives in vain.	(ਪ੍ਰਭੂ ਦੀ ਬੰਦਗੀ ਵਿਸਾਰ ਕੇ) ਹੋਰ ਕੰਮ ਵਿਚ ਰੁੱਝਿਆਂ ਮਨੁੱਖਾ-ਜਨਮ ਵਿਅਰਥ ਜਾਂਦਾ ਹੈ,
5974	144	ਵਿਣੁ ਨਾਵੈ ਸਭ ਵਿਸੁ ਪੈਝੈ ਖਾਈਐ॥	ਵਿਸੁ: ਪੋਲਾ ਬੋਲੋ	Vin Naavai Sabh Vis Paijhai Khaaeeai ||	Without the Name, all that they wear and eat is poison.	(ਕਿਉਂਕਿ) ਨਾਮ ਨੂੰ ਵਿਸਾਰ ਕੇ ਜੋ ਕੁਝ ਪਹਿਨੀ ਖਾਈਦਾ ਹੈ, ਉਹ (ਆਤਮਕ ਜੀਵਨ ਵਾਸਤੇ) ਜ਼ਹਿਰ (ਸਮਾਨ) ਹੋ ਜਾਂਦਾ ਹੈ।
5975	144	ਸਚਾ ਸਬਦੁ ਸਾਲਾਹਿ ਸਚਿ ਸਮਾਈਐ॥		Sachaa Sabadh Saalaahi Sach Samaaeeai ||	Praising the True Word of the Shabad, they merge with the True Lord.	ਸਤਿਗੁਰੂ ਦਾ ਸੱਚਾ ਸ਼ਬਦ ਗਾਵਿਆਂ ਸੱਚੇ ਪ੍ਰਭੂ ਵਿਚ ਜੁੜੀਦਾ ਹੈ।
5976	144	ਵਿਣੁ ਸਤਿਗੁਰੁ ਸੇਵੇ ਨਾਹੀ ਸੁਖਿ ਨਿਵਾਸੁ ਫਿਰਿ ਫਿਰਿ ਆਈਐ॥		Vin Sathigur Saevae Naahee Sukh Nivaas Fir Fir Aaeeai ||	Without serving the True Guru, they do not obtain the home of peace; they are consigned to reincarnation, over and over again.	ਗੁਰੂ ਦੀ ਦੱਸੀ ਕਾਰ ਕਰਨ ਤੋਂ ਬਿਨਾ ਸੁਖ ਵਿਚ (ਮਨ ਦਾ) ਟਿਕਾਉ ਨਹੀਂ ਹੋ ਸਕਦਾ, ਮੁੜ ਮੁੜ ਜਨਮ (ਮਰਨ) ਵਿਚ ਆਈਦਾ ਹੈ।

5977	144	ਦੁਨੀਆ ਖੋਟੀ ਰਾਸਿ ਕੂੜੁ ਕਮਾਈਐ॥		Dhuneeaa Khottee Raas Koorr Kamaaeeai ||	Investing counterfeit capital, they earn only falsehood in the world.	ਦੁਨੀਆ (ਦਾ ਪਿਆਰ) ਖੋਟੀ ਪੂੰਜੀ ਹੈ, ਇਹ ਕਮਾਈ ਕੂੜ (ਦਾ ਵਪਾਰ ਹੈ)।
5978	144	ਨਾਨਕ ਸਚੁ ਖਰਾ ਸਾਲਾਹਿ ਪਤਿ ਸਿਉ ਜਾਈਐ॥੧੪॥		Naanak Sach Kharaa Saalaahi Path Sio Jaaeeai ||14||	O Nanak, singing the Praises of the Pure, True Lord, they depart with honor. ||14||	ਹੇ ਨਾਨਕ! ਨਿਰੋਲ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰ ਕੇ (ਏਥੋਂ) ਇੱਜ਼ਤ ਨਾਲ ਜਾਈਦਾ ਹੈ ॥੧੪॥
5979	144	ਸਲੋਕੁ ਮਃ ੧॥		Salok Ma 1 ||	Shalok, First Mehl:	
5980	144	ਤੁਧੁ ਭਾਵੈ ਤਾ ਵਾਵਹਿ ਗਾਵਹਿ ਤੁਧੁ ਭਾਵੈ ਜਲਿ ਨਾਵਹਿ॥	ਸਾਜ਼ (ਵਾਵਹਿ) ਵਜਾਉਂਦੇ	Thudhh Bhaavai Thaa Vaavehi Gaavehi Thudhh Bhaavai Jal Naavehi ||	When it pleases You, we play music and sing; when it pleases You, we bathe in water.	ਜਦੋਂ ਤੇਰੀ ਰਜ਼ਾ ਹੁੰਦੀ ਹੈ (ਭਾਵ, ਇਹ ਤੇਰੀ ਰਜ਼ਾ ਹੈ ਕਿ ਕਈ ਜੀਵ ਸਾਜ਼) ਵਜਾਂਦੇ ਹਨ ਤੇ ਗਾਉਂਦੇ ਹਨ, (ਤੀਰਥਾਂ ਦੇ) ਜਲ ਵਿਚ ਇਸ਼ਨਾਨ ਕਰਦੇ ਹਨ,
5981	145	ਜਾ ਤੁਧੁ ਭਾਵਹਿ ਤਾ ਕਰਹਿ ਬਿਭੂਤਾ ਸਿੰਙੀ ਨਾਦੁ ਵਜਾਵਹਿ॥	(ਬਿਭੂਤਾ) ਸੁਆਹ	Jaa Thudhh Bhaavehi Thaa Karehi Bibhoothaa Sinn(g)ee Naadh Vajaavehi ||	When it pleases You, we smear our bodies with ashes, and blow the horn and the conch shell.	ਕਈ (ਪਿੰਡੇ ਉਤੇ) ਸੁਆਹ ਮਲਦੇ ਹਨ ਤੇ ਸਿੰਙੀ ਦਾ ਨਾਦ ਵਜਾਂਦੇ ਹਨ।

5982	145	ਜਾ ਤੁਧੁ ਭਾਵੈ ਤਾ ਪੜਹਿ ਕਤੇਬਾ ਮੁਲਾ ਸੇਖ ਕਹਾਵਹਿ॥		Jaa Thudhh Bhaavai Thaa Parrehi Kathaebaa Mulaa Saekh Kehaavehi ||	When it pleases You, we read the Islamic Scriptures, and are acclaimed as Mullahs and Shaykhs.	ਕਈ ਜੀਵ ਕੁਰਾਨ ਆਦਿਕ ਧਰਮ ਪੁਸਤਕਾਂ ਪੜ੍ਹਦੇ ਹਨ ਤੇ ਆਪਣੇ ਆਪ ਨੂੰ ਮੁੱਲਾਂ ਤੇ ਸ਼ੇਖ਼ ਅਖਵਾਂਦੇ ਹਨ।
5983	145	ਜਾ ਤੁਧੁ ਭਾਵੈ ਤਾ ਹੋਵਹਿ ਰਾਜੇ ਰਸ ਕਸ ਬਹੁਤੁ ਕਮਾਵਹਿ॥		Jaa Thudhh Bhaavai Thaa Hovehi Raajae Ras Kas Bahuth Kamaavehi ||	When it pleases You, we become kings, and enjoy all sorts of tastes and pleasures.	ਕੋਈ ਰਾਜੇ ਬਣ ਜਾਂਦੇ ਹਨ ਤੇ ਕਈ ਸੁਆਦਾਂ ਦੇ ਭੋਜਨ ਵਰਤਦੇ ਹਨ।
5984	145	ਜਾ ਤੁਧੁ ਭਾਵੈ ਤੇਗ ਵਗਾਵਹਿ ਸਿਰ ਮੁੰਡੀ ਕਟਿ ਜਾਵਹਿ॥		Jaa Thudhh Bhaavai Thaeg Vagaavehi Sir Munddee Katt Jaavehi ||	When it pleases You, we wield the sword, and cut off the heads of our enemies.	ਕੋਈ ਤਲਵਾਰ ਚਲਾਂਦੇ ਹਨ ਤੇ ਧੌਣ ਨਾਲੋਂ ਸਿਰ ਵੱਢੇ ਜਾਂਦੇ ਹਨ।
5985	145	ਜਾ ਤੁਧੁ ਭਾਵੈ ਜਾਹਿ ਦਿਸੰਤਰਿ ਸੁਣਿ ਗਲਾ ਘਰਿ ਆਵਹਿ॥	(ਦਿਸੰਤਰਿ) ਵਿਦੇਸ਼	Jaa Thudhh Bhaavai Jaahi Dhisanthar Sun Galaa Ghar Aavehi ||	When it pleases You, we go out to foreign lands; hearing news of home, we come back again.	ਕੋਈ ਪਰਦੇਸ ਜਾਂਦੇ ਹਨ (ਉਧਰ ਦੀਆਂ) ਗੱਲਾਂ ਸੁਣ ਕੇ (ਮੁੜ ਆਪਣੇ) ਘਰ ਆਉਂਦੇ ਹਨ।

5986	145	ਜਾ ਤੁਧੁ ਭਾਵੈ ਨਾਇ ਰਚਾਵਹਿ ਤੁਧੁ ਭਾਣੇ ਤੂੰ ਭਾਵਹਿ॥		Jaa Thudhh Bhaavai Naae Rachaavehi Thudhh Bhaanae Thoon Bhaavehi ||	When it pleases You, we are attuned to the Name, and when it pleases You, we become pleasing to You.	(ਹੇ ਪ੍ਰਭੂ! ਇਹ ਭੀ ਤੇਰੀ ਹੀ ਰਜ਼ਾ ਹੈ ਕਿ ਕਈ ਜੀਵ) ਤੇਰੇ ਨਾਮ ਵਿਚ ਜੁੜਦੇ ਹਨ, ਜੋ ਤੇਰੀ ਰਜ਼ਾ ਵਿਚ ਤੁਰਦੇ ਹਨ ਤੈਨੂੰ ਪਿਆਰੇ ਲੱਗਦੇ ਹਨ।
5987	145	ਨਾਨਕੁ ਏਕ ਕਹੈ ਬੇਨੰਤੀ ਹੋਰਿ ਸਗਲੇ ਕੂੜੁ ਕਮਾਵਹਿ॥੧॥		Naanak Eaek Kehai Baenanthee Hor Sagalae Koorr Kamaavehi ||1||	Nanak utters this one prayer; everything else is just the practice of falsehood. ||1||	ਨਾਨਕ ਇਕ ਅਰਜ਼ ਕਰਦਾ ਹੈ (ਕਿ ਰਜ਼ਾ ਵਿਚ ਤੁਰਨ ਤੋਂ ਬਿਨਾ) ਹੋਰ ਸਾਰੇ (ਜਿਨ੍ਹਾਂ ਦਾ ਉਪਰ ਜ਼ਿਕਰ ਕੀਤਾ ਹੈ) ਕੂੜ ਕਮਾ ਰਹੇ ਹਨ (ਭਾਵ, ਉਹ ਸਉਦਾ ਕਰਦੇ ਹਨ ਜੋ ਵਿਅਰਥ ਜਾਂਦਾ ਹੈ) ॥੧॥
5988	145	ਮਃ ੧॥		Ma 1 ||	First Mehl:	
5989	145	ਜਾ ਤੂੰ ਵਡਾ ਸਭਿ ਵਡਿਆਂਈਆ ਚੰਗੈ ਚੰਗਾ ਹੋਈ॥		Jaa Thoon Vaddaa Sabh Vaddiaaaneeaa Changai Changaa Hoee ||	You are so Great-all Greatness flows from You. You are So Good-Goodness radiates from You.	ਜਦੋਂ (ਇਹ ਗੱਲ ਠੀਕ ਹੈ ਕਿ) ਤੂੰ ਵੱਡਾ (ਪ੍ਰਭੂ ਜਗਤ ਦਾ ਕਰਤਾਰ ਹੈਂ ਤਾਂ ਜਗਤ ਵਿਚ ਜੋ ਕੁਝ ਹੋ ਰਿਹਾ ਹੈ) ਸਭ ਤੇਰੀਆਂ ਹੀ ਵਡਿਆਈਆਂ ਹਨ (ਕਿਉਂਕਿ) ਚੰਗੇ ਤੋਂ ਚੰਗਿਆਈ ਹੀ ਉਤਪੰਨ ਹੁੰਦੀ ਹੈ।

5990	145	ਜਾ ਤੂੰ ਸਚਾ ਤਾ ਸਭੁ ਕੋ ਸਚਾ ਕੂੜਾ ਕੋਇ ਨ ਕੋਈ॥		Jaa Thoon Sachaa Thaa Sabh Ko Sachaa Koorraa Koe N Koee ||	You are True-all that flows from You is True. Nothing at all is false.	(ਜਦੋਂ ਇਹ ਯਕੀਨ ਬੱਝ ਜਾਏ ਕਿ) ਤੂੰ ਸੱਚਾ ਪ੍ਰਭੂ ਸਿਰਜਣਹਾਰ ਹੈਂ (ਤਾਂ) ਹਰੇਕ ਜੀਵ ਸੱਚਾ (ਦਿੱਸਦਾ ਹੈ ਕਿਉਂਕਿ ਹਰੇਕ ਜੀਵ ਵਿਚ ਤੂੰ ਆਪ ਮੌਜੂਦ ਹੈਂ ਤਾਂ ਫਿਰ ਇਸ ਜਗਤ ਵਿਚ) ਕੋਈ ਕੂੜਾ ਨਹੀਂ ਹੋ ਸਕਦਾ।
5991	145	ਆਖਣੁ ਵੇਖਣੁ ਬੋਲਣੁ ਚਲਣੁ ਜੀਵਣੁ ਮਰਣਾ ਧਾਤੁ॥	(ਧਾਤੁ) ਮਾਇਆ	Aakhan Vaekhan Bolan Chalan Jeevan Maranaa Dhhaath ||	Talking, seeing, speaking, walking, living and dying-all these are transitory.	(ਜੋ ਕੁਝ ਬਾਹਰ ਵਿਖਾਵੇ ਮਾਤ੍ਰ ਦਿੱਸ ਰਿਹਾ ਹੈ ਇਹ) ਆਖਣਾ-ਵੇਖਣਾ, ਇਹ ਬੋਲ-ਚਾਲ, ਇਹ ਜੀਉਂਣਾ ਤੇ ਮਰਨਾ (ਇਹ ਸਭ ਕੁਝ) ਮਾਇਆ-ਰੂਪ ਹੈ (ਅਸਲੀਅਤ ਨਹੀਂ ਹੈ, ਅਸਲੀਅਤ ਪ੍ਰਭੂ ਆਪ ਹੀ ਹੈ)।
5992	145	ਹੁਕਮੁ ਸਾਜਿ ਹੁਕਮੈ ਵਿਚਿ ਰਖੈ ਨਾਨਕ ਸਚਾ ਆਪਿ॥੨॥		Hukam Saaj Hukamai Vich Rakhai Naanak Sachaa Aap ||2||	By the Hukam of His Command, He creates, and in His Command, He keeps us. O Nanak, He Himself is True. ||2||	ਹੇ ਨਾਨਕ! ਉਹ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਆਪ (ਆਪਣੀ) ਹੁਕਮ (-ਰੂਪ ਸੱਤਿਆ) ਰਚ ਕੇ ਸਭ ਜੀਵਾਂ ਨੂੰ ਉਸ ਹੁਕਮ ਵਿਚ ਤੋਰ ਰਿਹਾ ਹੈ ॥੨॥
5993	145	ਪਉੜੀ॥		Pourree ||	Pauree:	
5994	145	ਸਤਿਗੁਰੁ ਸੇਵਿ ਨਿਸੰਗੁ ਭਰਮੁ ਚੁਕਾਈਐ॥	(ਨਿਸੰਗੁ) ਸ਼ੰਕਾ ਰਹਿਤ	Sathigur Saev Nisang Bharam Chukaaeeai ||	Serve the True Guru fearlessly, and your doubt shall be dispelled.	ਜੇ ਸੱਚੇ ਦਿਲੋਂ ਗੁਰੂ ਦਾ ਹੁਕਮ ਮੰਨੀਏ, ਤਾਂ ਭਟਕਣਾ ਦੂਰ ਹੋ ਜਾਂਦੀ ਹੈ।

5995	145	ਸਤਿਗੁਰੁ ਆਖੈ ਕਾਰ ਸੁ ਕਾਰ ਕਮਾਈਐ॥		Sathigur Aakhai Kaar S Kaar Kamaaeeai ||	Do that work which the True Guru asks you to do.	ਉਹੀ ਕੰਮ ਕਰਨਾ ਚਾਹੀਦਾ ਹੈ, ਜੋ ਗੁਰੂ ਕਰਨ ਲਈ ਆਖੇ।
5996	145	ਸਤਿਗੁਰੁ ਹੋਇ ਦਇਆਲੁ ਤ ਨਾਮੁ ਧਿਆਈਐ॥		Sathigur Hoe Dhaeiaal Th Naam Dhhiaaeeai ||	When the True Guru becomes merciful, we meditate on the Naam.	ਜੇ ਸਤਿਗੁਰੂ ਮਿਹਰ ਕਰੇ, ਤਾਂ ਪ੍ਰਭੂ ਦਾ ਨਾਮ ਸਿਮਰਿਆ ਜਾ ਸਕਦਾ ਹੈ।
5997	145	ਲਾਹਾ ਭਗਤਿ ਸੁ ਸਾਰੁ ਗੁਰਮੁਖਿ ਪਾਈਐ॥		Laahaa Bhagath S Saar Guramukh Paaeeai ||	The profit of devotional worship is excellent. It is obtained by the Gurmukh.	ਗੁਰੂ ਦੇ ਸਨਮੁਖ ਹੋਇਆਂ ਪ੍ਰਭੂ ਦੀ ਬੰਦਗੀ-ਰੂਪ ਸਭ ਤੋਂ ਚੰਗਾ ਲਾਭ ਮਿਲਦਾ ਹੈ।
5998	145	ਮਨਮੁਖਿ ਕੂੜੁ ਗੁਬਾਰੁ ਕੂੜੁ ਕਮਾਈਐ॥	(ਗੁਬਾਰੁ) ਹਨੇਰਾ	Manamukh Koorr Gubaar Koorr Kamaaeeai ||	The self-willed manmukhs are trapped in the darkness of falsehood; they practice nothing but falsehood.	ਪਰ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਨਿਰਾ ਕੂੜ ਨਿਰਾ ਹਨੇਰਾ ਹੀ ਖੱਟਦਾ ਹੈ।
5999	145	ਸਚੇ ਦੈ ਦਰਿ ਜਾਇ ਸਚੁ ਚਵਾਂਈਐ॥	(ਚਵਾਂਈਐ) ਜਪੀਏ	Sachae Dhai Dhar Jaae Sach Chavaaneeai ||	Go to the Gate of Truth, and speak the Truth.	ਜੇ ਸੱਚੇ ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਸੱਚੇ ਦਾ ਨਾਮ ਜਪੀਏ,

6000	145	ਸਚੈ ਅੰਦਰਿ ਮਹਲਿ ਸਚਿ ਬੁਲਾਈਐ॥		Sachai Andhar Mehal Sach Bulaaeeai ||	The True Lord calls the true ones to the Mansion of His Presence.	ਤਾਂ ਇਸ ਸੱਚੇ ਨਾਮ ਦੀ ਰਾਹੀਂ ਸੱਚੇ ਪ੍ਰਭੂ ਦੀ ਹਜ਼ੂਰੀ ਵਿਚ ਥਾਂ ਮਿਲਦਾ ਹੈ।
6001	145	ਨਾਨਕ ਸਚੁ ਸਦਾ ਸਚਿਆਰੁ ਸਚਿ ਸਮਾਈਐ॥੧੫॥		Naanak Sach Sadhaa Sachiaar Sach Samaaeeai ||15||	O Nanak, the true ones are forever true; they are absorbed in the True Lord. ||15||	ਹੇ ਨਾਨਕ! (ਜਿਸ ਦੇ ਪੱਲੇ) ਸਦਾ ਸੱਚ ਹੈ ਉਹ ਸੱਚ ਦਾ ਵਪਾਰੀ ਹੈ ਉਹ ਸੱਚ ਵਿਚ ਲੀਨ ਰਹਿੰਦਾ ਹੈ ॥੧੫॥
6002	145	ਸਲੋਕੁ ਮਃ ੧॥		Salok Ma 1 ||	Shalok, First Mehl:	
6003	145	ਕਲਿ ਕਾਤੀ ਰਾਜੇ ਕਾਸਾਈ ਧਰਮੁ ਪੰਖ ਕਰਿ ਉਡਰਿਆ॥	ਕਲਿ: ਪੋਲਾ ਬੋਲੋ। (ਕੱਾਤੀ) ਛੁਰੀ। ਉੱਡਰਿਆ	Kal Kaathee Raajae Kaasaaee Dhharam Pankh Kar Ouddariaa ||	The Dark Age of Kali Yuga is the knife, and the kings are butchers; righteousness has sprouted wings and flown away.	ਇਹ ਘੋਰ ਕਲ-ਜੁਗੀ ਸੁਭਾਉ (ਮਾਨੋਂ) ਛੁਰੀ ਹੈ (ਜਿਸ ਦੇ ਕਾਰਨ) ਰਾਜੇ ਜ਼ਾਲਮ ਹੋ ਰਹੇ ਹਨ, (ਇਸ ਵਾਸਤੇ) ਧਰਮ ਖੰਭ ਲਾ ਕੇ ਉਡ ਗਿਆ ਹੈ।
6004	145	ਕੂੜੁ ਅਮਾਵਸ ਸਚੁ ਚੰਦ੍ਰਮਾ ਦੀਸੈ ਨਾਹੀ ਕਹ ਚੜਿਆ॥	(ਅਮਾਵਸ) ਮੱਸਿਆ ਦੀ ਹਨੇਰੀ ਰਾਤ	Koorr Amaavas Sach Chandhramaa Dheesai Naahee Keh Charriaa ||	In this dark night of falsehood, the moon of Truth is not visible anywhere.	ਕੂੜ (ਮਾਨੋ) ਮੱਸਿਆ ਦੀ ਰਾਤ ਹੈ, (ਇਸ ਵਿਚ) ਸੱਚ-ਰੂਪ ਚੰਦ੍ਰਮਾ ਕਿਤੇ ਚੜ੍ਹਿਆ ਦਿੱਸਦਾ ਨਹੀਂ ਹੈ।
6005	145	ਹਉ ਭਾਲਿ ਵਿਕੁੰਨੀ ਹੋਈ॥	(ਵਿਕੁੰਨੀ) ਵਿਆਕੁਲ	Ho Bhaal Vikunnee Hoee ||	I have searched in vain, and I am so confused;	ਮੈਂ ਇਸ ਚੰਦ੍ਰਮਾ ਨੂੰ ਲੱਭ ਲੱਭ ਕੇ ਵਿਆਕੁਲ ਹੋ ਗਈ ਹਾਂ,

6006	145	ਆਧੇਰੈ ਰਾਹੁ ਨ ਕੋਈ॥		Aadhhaerai Raahu N Koee ||	In this darkness, I cannot find the path.	ਹਨੇਰੇ ਵਿਚ ਕੋਈ ਰਾਹ ਦਿੱਸਦਾ ਨਹੀਂ।
6007	145	ਵਿਚਿ ਹਉਮੈ ਕਰਿ ਦੁਖੁ ਰੋਈ॥		Vich Houmai Kar Dhukh Roee ||	In egotism, they cry out in pain.	(ਇਸ ਹਨੇਰੇ) ਵਿਚ (ਸ੍ਰਿਸ਼ਟੀ) ਹਉਮੈ ਦੇ ਕਾਰਨ ਦੁਖੀ ਹੋ ਰਹੀ ਹੈ,
6008	145	ਕਹੁ ਨਾਨਕ ਕਿਨਿ ਬਿਧਿ ਗਤਿ ਹੋਈ॥੧॥	ਬਿਧਿ: ਪੋਲਾ ਬੋਲੋ	Kahu Naanak Kin Bidhh Gath Hoee ||1||	Says Nanak, how will they be saved? ||1||	ਹੇ ਨਾਨਕ! ਕਿਵੇਂ ਇਸ ਤੋਂ ਖਲਾਸੀ ਹੋਵੇ? ॥੧॥
6009	145	ਮਃ ੩॥		Ma 3 ||	Third Mehl:	
6010	145	ਕਲਿ ਕੀਰਤਿ ਪਰਗਟੁ ਚਾਨਣੁ ਸੰਸਾਰਿ॥		Kal Keerath Paragatt Chaanan Sansaar ||	In this Dark Age of Kali Yuga, the Kirtan of the Lord's Praise has appeared as a Light in the world.	ਇਸ ਕਲਜੁਗੀ ਸੁਭਾਵ (-ਰੂਪ ਹਨੇਰੇ ਨੂੰ ਦੂਰ ਕਰਨ) ਲਈ (ਪ੍ਰਭੂ ਦੀ) ਸਿਫ਼ਤ-ਸਾਲਾਹ (ਸਮਰੱਥ) ਹੈ, (ਇਹ ਸਿਫ਼ਤ-ਸਾਲਾਹ) ਜਗਤ ਵਿਚ ਉੱਘਾ ਚਾਨਣ ਹੈ।
6011	145	ਗੁਰਮੁਖਿ ਕੋਈ ਉਤਰੈ ਪਾਰਿ॥		Guramukh Koee Outharai Paar ||	How rare are those few Gurmukhs who swim across to the other side!	(ਪਰ) ਕੋਈ (ਵਿਰਲਾ) ਜੋ ਗੁਰੂ ਦੇ ਸਨਮੁਖ ਹੁੰਦਾ ਹੈ (ਇਸ ਚਾਨਣ ਦਾ ਆਸਰਾ ਲੈ ਕੇ ਇਸ ਹਨੇਰੇ ਵਿਚੋਂ) ਪਾਰ ਲੰਘਦਾ ਹੈ।
6012	145	ਜਿਸ ਨੋ ਨਦਰਿ ਕਰੇ ਤਿਸੁ ਦੇਵੈ॥		Jis No Nadhar Karae This Dhaevai ||	The Lord bestows His Glance of Grace;	ਪ੍ਰਭੂ ਜਿਸ ਉਤੇ ਮਿਹਰ ਦੀ ਨਜ਼ਰ ਕਰਦਾ ਹੈ, ਉਸ ਨੂੰ (ਇਹ ਕੀਰਤਿ-ਰੂਪ ਚਾਨਣ) ਦੇਂਦਾ ਹੈ।

6013	145	ਨਾਨਕ ਗੁਰਮੁਖਿ ਰਤਨੁ ਸੋ ਲੇਵੈ॥੨॥		Naanak Guramukh Rathan So Laevai ||2||	O Nanak, the Gurmukh receives the jewel. ||2||	ਹੇ ਨਾਨਕ! ਉਹ ਮਨੁੱਖ ਗੁਰੂ ਦੇ ਸਨਮੁਖ ਹੋ ਕੇ (ਨਾਮ-ਰੂਪ) ਰਤਨ ਲੱਭ ਲੈਂਦਾ ਹੈ ॥੨॥
6014	145	ਪਉੜੀ॥		Pourree ||	Pauree:	
6015	145	ਭਗਤਾ ਤੈ ਸੈਸਾਰੀਆ ਜੋੜੁ ਕਦੇ ਨ ਆਇਆ॥	(ਤੈ) ਅਤੇ। ਤੈ: ਬਿੰਦੀ ਨ ਲਾਉ	Bhagathaa Thai Saisaareeaa Jorr Kadhae N Aaeiaa ||	Between the Lord's devotees and the people of the world, there can never be any true alliance.	(ਜਗਤ ਵਿਚ ਇਹ ਨਿੱਤ ਵੇਖ ਰਹੇ ਹਾਂ ਕਿ) ਭਗਤਾਂ ਤੇ ਦੁਨੀਆਦਾਰਾਂ ਦਾ ਕਦੇ ਜੋੜ ਨਹੀਂ ਬਣਦਾ (ਪਰ, ਜਗਤ-ਰਚਨਾ ਵਿਚ ਪ੍ਰਭੂ ਵਲੋਂ ਇਹ ਕੋਈ ਉਕਾਈ ਨਹੀਂ ਹੈ)।
6016	145	ਕਰਤਾ ਆਪਿ ਅਭੁਲੁ ਹੈ ਨ ਭੁਲੈ ਕਿਸੈ ਦਾ ਭੁਲਾਇਆ॥	ਅ-ਭੁੱਲੁ	Karathaa Aap Abhul Hai N Bhulai Kisai Dhaa Bhulaaeiaa ||	The Creator Himself is infallible. He cannot be fooled; no one can fool Him.	ਕਰਤਾਰ ਆਪ ਤਾਂ ਉਕਾਈ ਖਾਣ ਵਾਲਾ ਨਹੀਂ ਹੈ, ਤੇ ਕਿਸੇ ਦਾ ਖੁੰਝਾਇਆ (ਭੀ) ਖੁੰਝਦਾ ਨਹੀਂ।
6017	145	ਭਗਤ ਆਪੇ ਮੇਲਿਅਨੁ ਜਿਨੀ ਸਚੋ ਸਚੁ ਕਮਾਇਆ॥		Bhagath Aapae Maelian Jinee Sacho Sach Kamaaeiaa ||	He blends His devotees with Himself; they practice Truth, and only Truth.	(ਇਹ ਉਸ ਦੀ ਆਪਣੀ ਰਜ਼ਾ ਹੈ ਕਿ) ਉਸ ਨੇ ਆਪ ਹੀ ਭਗਤ (ਆਪਣੇ ਚਰਨਾਂ ਵਿਚ) ਜੋੜੇ ਹੋਏ ਹਨ, ਉਹ ਨਿਰੋਲ ਬੰਦਗੀ-ਰੂਪ ਕਾਰ ਕਰਦੇ ਹਨ।

6018	145	ਸੈਸਾਰੀ ਆਪਿ ਖੁਆਇਅਨੁ ਜਿਨੀ ਕੂੜੁ ਬੋਲਿ ਬੋਲਿ ਬਿਖੁ ਖਾਇਆ॥	(ਆਪਿ) ਹੰਕਾਰ ਕਰਕੇ (ਖੁਆਇਅਨੁ) ਭੁੱਲੇ	Saisaaree Aap Khuaaeian Jinee Koorr Bol Bol Bikh Khaaeiaa ||	The Lord Himself leads the people of the world astray; they tell lies, and by telling lies, they eat poison.	ਦੁਨੀਆਦਾਰ ਭੀ ਉਸ ਨੇ ਆਪ ਹੀ ਖੁੰਝਾਏ ਹਨ, ਉਹ ਝੂਠ ਬੋਲ ਬੋਲ ਕੇ (ਆਤਮਕ ਮੌਤ ਦਾ ਮੂਲ) ਵਿਹੁ ਖਾ ਰਹੇ ਹਨ।
6019	145	ਚਲਣ ਸਾਰ ਨ ਜਾਣਨੀ ਕਾਮੁ ਕਰੋਧੁ ਵਿਸੁ ਵਧਾਇਆ॥	ਚੱਲਣ। ਵਿਸੁ: ਪੋਲਾ ਬੋਲੋ	Chalan Saar N Jaananee Kaam Karodhh Vis Vadhhaaeiaa ||	They do not recognize the ultimate reality, that we all must go; they continue to cultivate the poisons of sexual desire and anger.	ਉਹਨਾਂ ਨੂੰ ਇਹ ਸਮਝ ਹੀ ਨਹੀਂ ਆਈ, ਕਿ ਇਥੋਂ ਤੁਰ ਭੀ ਜਾਣਾ ਹੈ। ਸੋ, ਉਹ ਕਾਮ ਕਰੋਧ-ਰੂਪ ਜ਼ਹਿਰ (ਜ਼ਗਤ ਵਿਚ) ਵਧਾ ਰਹੇ ਹਨ।
6020	145	ਭਗਤ ਕਰਨਿ ਹਰਿ ਚਾਕਰੀ ਜਿਨੀ ਅਨ ਦਿਨੁ ਨਾਮੁ ਧਿਆਇਆ॥		Bhagath Karan Har Chaakaree Jinee Anadhin Naam Dhhiaaeiaa ||	The devotees serve the Lord; night and day, they meditate on the Naam.	(ਉਸ ਦੀ ਆਪਣੀ ਰਜ਼ਾ ਵਿਚ) ਭਗਤ ਉਸ ਪ੍ਰਭੂ ਦੀ ਬੰਦਗੀ ਕਰ ਰਹੇ ਹਨ, ਉਹ ਹਰ ਵੇਲੇ ਨਾਮ ਸਿਮਰ ਰਹੇ ਹਨ।
6021	145	ਦਾਸਨਿ ਦਾਸ ਹੋਇ ਕੈ ਜਿਨੀ ਵਿਚਹੁ ਆਪੁ ਗਵਾਇਆ॥		Dhaasan Dhaas Hoe Kai Jinee Vichahu Aap Gavaaeiaa ||	Becoming the slaves of the Lord's slaves, they eradicate selfishness and conceit from within.	ਜਿਨ੍ਹਾਂ ਮਨੁੱਖਾਂ ਨੇ ਪ੍ਰਭੂ ਦੇ ਸੇਵਕਾਂ ਦਾ ਸੇਵਕ ਬਣ ਕੇ ਆਪਣੇ ਅੰਦਰੋਂ ਹਉਮੈ ਦੂਰ ਕੀਤੀ ਹੈ,

6022	145	ਓਨਾ ਖਸਮੈ ਕੈ ਦਰਿ ਮੁਖ ਉਜਲੇ ਸਚੈ ਸਬਦਿ ਸੁਹਾਇਆ॥੧੬॥		Ounaa Khasamai Kai Dhar Mukh Oujalae Sachai Sabadh Suhaaeiaa ||16||	In the Court of their Lord and Master, their faces are radiant; they are embellished and exalted with the True Word of the Shabad. ||16||	ਪ੍ਰਭੂ ਦੇ ਦਰ ਤੇ ਉਹਨਾਂ ਦੇ ਮੂੰਹ ਉਜਲੇ ਹੁੰਦੇ ਹਨ, ਸੱਚੇ ਸ਼ਬਦ ਦੇ ਕਾਰਨ ਉਹ ਪ੍ਰਭੂ-ਦਰ ਤੇ ਸੋਭਾ ਪਾਂਦੇ ਹਨ ॥੧੬॥
6023	145	ਸਲੋਕੁ ਮਃ ੧॥		Salok Ma 1 ||	Shalok, First Mehl:	
6024	145	ਸਬਾਹੀ ਸਾਲਾਹ ਜਿਨੀ ਧਿਆਇਆ ਇਕ ਮਨਿ॥	(ਸਬਾਹੀ) ਸਵੇਰੇ (ਸਾਲਾਹ) ਸਿਫ਼ਤ ਸਲਾਹ	Sabaahee Saalaah Jinee Dhhiaaeiaa Eik Man ||	Those who praise the Lord in the early hours of the morning and meditate on Him single-mindedly,	ਜੋ ਮਨੁੱਖ ਸਵੇਰੇ ਹੀ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦੇ ਹਨ, ਇਕ-ਮਨ ਹੋ ਕੇ ਪ੍ਰਭੂ ਨੂੰ ਸਿਮਰਦੇ ਹਨ,
6025	145	ਸੇਈ ਪੂਰੇ ਸਾਹ ਵਖਤੈ ਉਪਰਿ ਲੜਿ ਮੁਏ॥		Saeee Poorae Saah Vakhathai Oupar Larr Mueae ||	Are the perfect kings; at the right time, they die fighting.	ਵੇਲੇ-ਸਿਰ (ਭਾਵ, ਅੰਮ੍ਰਿਤ ਵੇਲੇ) ਮਨ ਨਾਲ ਜੰਗ ਕਰਦੇ ਹਨ (ਭਾਵ, ਆਲਸ ਵਿਚੋਂ ਨਿਕਲ ਕੇ ਬੰਦਗੀ ਦਾ ਆਹਰ ਕਰਦੇ ਹਨ), ਉਹੀ ਪੂਰੇ ਸ਼ਾਹ ਹਨ।
6026	145	ਦੂਜੈ ਬਹੁਤੇ ਰਾਹ ਮਨ ਕੀਆ ਮਤੀ ਖਿੰਡੀਆ॥		Dhoojai Bahuthae Raah Man Keeaa Mathee Khinddeeaa ||	In the second watch, the focus of the mind is scattered in all sorts of ways.	ਦਿਨ-ਚੜ੍ਹੇ ਮਨ ਦੀਆਂ ਵਾਸਨਾਂ ਖਿੱਲਰ ਜਾਂਦੀਆਂ ਹਨ, ਮਨ ਕਈ ਰਾਹੀਂ ਦੌੜਦਾ ਹੈ;

6027	145	ਬਹੁਤੁ ਪਏ ਅਸਗਾਹ ਗੋਤੇ ਖਾਹਿ ਨ ਨਿਕਲਹਿ॥	ਧੰਧਿਆਂ ਰੂਪੀ (ਅਸਗਾਹ) ਡੂੰਘੇ ਸਮੁੰਦ੍ਰ	Bahuth Peae Asagaah Gothae Khaahi N Nikalehi ||	So many fall into the bottomless pit; they are dragged under, and they cannot get out again.	ਮਨੁੱਖ ਦੁਨੀਆ ਦੇ ਧੰਧਿਆਂ ਦੇ ਡੂੰਘੇ ਸਮੁੰਦਰ ਵਿਚ ਪੈ ਜਾਂਦੇ ਹਨ, ਇਥੇ ਹੀ ਅਜੇਹੇ ਗੋਤੇ ਖਾਂਦੇ ਹਨ (ਭਾਵ, ਫਸਦੇ ਹਨ) ਕਿ ਨਿਕਲ ਨਹੀਂ ਸਕਦੇ।
6028	146	ਤੀਜੈ ਮੁਹੀ ਗਿਰਾਹ ਭੁਖ ਤਿਖਾ ਦੁਇ ਭਉਕੀਆ॥	(ਮੁਹੀ) ਮੂੰਹ ਚ (ਗਿਰਾਹ) ਭੋਜਨ। ਭੁੱਖ। ਤਿਖਾ: ਪੋਲਾ ਬੋਲੋ। ਭਉਂਕੀਆਂ ਕਸਕੇ (ਦੂਜਾ ਪਾਠ: ਭਉ ਕੀਆ)	Theejai Muhee Giraah Bhukh Thikhaa Dhue Bhoukeeaa ||	In the third watch, both hunger and thirst bark for attention, and food is put into the mouth.	ਤੀਜੇ ਪਹਰ ਭੁੱਖ ਤੇ ਤ੍ਰਿਹ ਦੋਵੇਂ ਚਮਕ ਪੈਂਦੀਆਂ ਹਨ, ਰੋਟੀ ਖਾਣ ਦੇ ਆਹਰੇ (ਜੀਵ) ਲੱਗ ਜਾਂਦੇ ਹਨ,
6029	146	ਖਾਧਾ ਹੋਇ ਸੁਆਹ ਭੀ ਖਾਣੇ ਸਿਉ ਦੋਸਤੀ॥		Khaadhhaa Hoe Suaah Bhee Khaanae Sio Dhosathee ||	That which is eaten becomes dust, but they are still attached to eating.	(ਜਦੋਂ) ਜੋ ਕੁੱਝ ਖਾਧਾ ਹੁੰਦਾ ਹੈ ਭਸਮ ਹੋ ਜਾਂਦਾ ਹੈ, ਤਾਂ ਹੋਰ ਖਾਣ ਦੀ ਤਾਂਘ ਪੈਦਾ ਹੁੰਦੀ ਹੈ।
6030	146	ਚਉਥੈ ਆਈ ਊਂਘ ਅਖੀ ਮੀਟਿ ਪਵਾਰਿ ਗਇਆ॥	(ਊਂਘ) ਨੀਂਦ। (ਪਵਾਰਿ) ਪ੍ਰਲੋਕ ਭਾਵ ਡੂੰਘੀ ਨੀਂਦ	Chouthhai Aaee Oonagh Akhee Meett Pavaar Gaeiaa ||	In the fourth watch, they become drowsy. They close their eyes and begin to dream.	ਚਉਥੇ ਪਹਰ ਨੀਂਦ ਆ ਦਬਾਂਦੀ ਹੈ, ਅੱਖਾਂ ਮੀਟ ਕੇ ਘੂਕ ਨੀਂਦਰ ਵਿਚ ਸਉਂ ਜਾਂਦਾ ਹੈ;
6031	146	ਭੀ ਉਠਿ ਰਚਿਓਨੁ ਵਾਦੁ ਸੈ ਵਰ੍ਹਿਆ ਕੀ ਪਿੜ ਬਧੀ॥	(ਵਾਦੁ) ਝਗੜਾ। ਵਰ੍ਹਿਆਂ ਬੱਧੀ	Bhee Outh Rachioun Vaadh Sai Varihaaa Kee Pirr Badhhee ||	Rising up again, they engage in conflicts; they set the stage as if they will live for 100 years.	ਨੀਂਦਰੋਂ ਉਠ ਕੇ ਮੁੜ ਜਗਤ ਦੇ ਧੰਧਿਆਂ ਦਾ ਉਹੀ ਝਮੇਲਾ, ਮਾਨੋ, ਮਨੁੱਖ ਨੇ (ਇਥੇ) ਸੈਂਕੜੇ ਵਰ੍ਹਿਆਂ ਦੇ ਜੀਊਣ ਦਾ ਘੋਲ ਮਚਾਇਆ ਹੋਇਆ ਹੈ।

6032	146	ਸਭੇ ਵੇਲਾ ਵਖਤ ਸਭਿ ਜੇ ਅਠੀ ਭਉ ਹੋਇ॥	(ਅਠੀ) ਅੱਠੇ ਪਹਰ	Sabhae Vaelaa Vakhath Sabh Jae Athee Bho Hoe ||	If at all times, at each and every moment, they live in the fear of God	(ਸੋ, ਅੰਮ੍ਰਿਤ ਵੇਲਾ ਹੀ ਸਿਮਰਨ ਲਈ ਜ਼ਰੂਰੀ ਹੈ, ਪਰ) ਜਦੋਂ (ਅੰਮ੍ਰਿਤ ਵੇਲੇ ਦੇ ਅੱਭਿਆਸ ਨਾਲ) ਅੱਠੇ ਪਹਰ ਪਰਮਾਤਮਾ ਦਾ ਡਰ-ਅਦਬ (ਮਨ ਵਿਚ) ਟਿਕ ਜਾਏ ਤਾਂ ਸਾਰੇ ਵੇਲੇ ਵਕਤਾਂ ਵਿਚ (ਮਨ ਪ੍ਰਭੂ-ਚਰਨਾਂ ਵਿਚ ਜੁੜ ਸਕਦਾ ਹੈ)।
6033	146	ਨਾਨਕ ਸਾਹਿਬੁ ਮਨਿ ਵਸੈ ਸਚਾ ਨਾਵਣੁ ਹੋਇ॥੧॥		Naanak Saahib Man Vasai Sachaa Naavan Hoe ||1||	-O Nanak, the Lord dwells within their minds, and their cleansing bath is true. ||1||	(ਇਸ ਤਰ੍ਹਾਂ) ਹੇ ਨਾਨਕ! (ਜੇ ਅੱਠੇ ਪਹਰ) ਮਾਲਕ ਮਨ ਵਿਚ ਵੱਸਿਆ ਰਹੇ, ਤਾਂ ਸਦਾ ਟਿਕੇ ਰਹਿਣ ਵਾਲਾ (ਆਤਮਕ) ਇਸ਼ਨਾਨ ਪ੍ਰਾਪਤ ਹੁੰਦਾ ਹੈ ॥੧॥
6034	146	ਮਃ ੨॥		Ma 2 ||	Second Mehl:	
6035	146	ਸੇਈ ਪੂਰੇ ਸਾਹ ਜਿਨੀ ਪੂਰਾ ਪਾਇਆ॥		Saeee Poorae Saah Jinee Pooraa Paaeiaa ||	They are the perfect kings, who have found the Perfect Lord.	ਜਿਨ੍ਹਾਂ ਮਨੁੱਖਾਂ ਨੂੰ ਪ੍ਰਭੂ ਮਿਲ ਪੈਂਦਾ ਹੈ ਉਹੀ ਪੂਰੇ ਸ਼ਾਹ ਹਨ।
6036	146	ਅਠੀ ਵੇਪਰਵਾਹ ਰਹਨਿ ਇਕਤੈ ਰੰਗਿ॥	(ਅੱਠੀ) ਅੱਠੇ ਪਹਰ। (ਇਕਤੈ) ਇੱਕ ਪਾਰਬ੍ਰਹਮ। ਰਹ–ਨਿ	Athee Vaeparavaah Rehan Eikathai Rang ||	Twenty-four hours a day, they remain unconcerned, imbued with the Love of the One Lord.	ਉਹ ਇੱਕ ਪਰਮਾਤਮਾ ਦੇ ਰੰਗ (ਪਿਆਰ) ਵਿਚ ਅੱਠੇ ਪਹਰ (ਦੁਨੀਆ ਵਲੋਂ) ਬੇ-ਪਰਵਾਹ ਰਹਿੰਦੇ ਹਨ (ਭਾਵ, ਕਿਸੇ ਦੇ ਮੁਥਾਜ ਨਹੀਂ ਹੁੰਦੇ)।

6037	146	ਦਰਸਨਿ ਰੂਪਿ ਅਥਾਹ ਵਿਰਲੇ ਪਾਈਅਹਿ॥		Dharasan Roop Athhaah Viralae Paaeeahi ||	Only a few obtain the Darshan, the Blessed Vision of the Unimaginably Beauteous Lord.	(ਪਰ ਅਜੇਹੇ ਬੰਦੇ) ਬੜੇ ਘੱਟ ਮਿਲਦੇ ਹਨ, ਜੋ ਅਥਾਹ ਪ੍ਰਭੂ ਦੇ ਦੀਦਾਰ ਵਿਚ ਤੇ ਸਰੂਪ ਵਿਚ (ਹਰ ਵੇਲੇ ਜੁੜੇ ਰਹਿਣ)।
6038	146	ਕਰਮਿ ਪੂਰੈ ਪੂਰਾ ਗੁਰੂ ਪੂਰਾ ਜਾ ਕਾ ਬੋਲੁ॥		Karam Poorai Pooraa Guroo Pooraa Jaa Kaa Bol ||	Through the perfect karma of good deeds, one meets the Perfect Guru, whose speech is perfect.	ਪੂਰੇ ਬੋਲ ਵਾਲਾ ਪੂਰਨ ਗੁਰੂ ਪੂਰੇ ਭਾਗਾਂ ਨਾਲ,
6039	146	ਨਾਨਕ ਪੂਰਾ ਜੇ ਕਰੇ ਘਟੈ ਨਾਹੀ ਤੋਲੁ॥੨॥	ਘਟੈ: ਪੋਲਾ ਬੋਲੋ	Naanak Pooraa Jae Karae Ghattai Naahee Thol ||2||	O Nanak, when the Guru makes one perfect, one's weight does not decrease. ||2||	ਹੇ ਨਾਨਕ! ਜਿਸ ਮਨੁੱਖ ਨੂੰ ਪੂਰਨ ਬਣਾ ਦੇਂਦਾ ਹੈ, ਉਸ ਦਾ ਤੋਲ ਘਟਦਾ ਨਹੀਂ, (ਭਾਵ, ਰੱਬ ਨਾਲ ਉਸ ਦਾ ਅੱਠੇ ਪਹਰ ਦਾ ਸੰਬੰਧ ਘਟਦਾ ਨਹੀਂ) ॥੨॥
6040	146	ਪਉੜੀ॥		Pourree ||	Pauree:	
6041	146	ਜਾ ਤੂੰ ਤਾ ਕਿਆ ਹੋਰਿ ਮੈ ਸਚੁ ਸੁਣਾਈਐ॥		Jaa Thoon Thaa Kiaa Hor Mai Sach Sunaaeeai ||	When You are with me, what more could I want? I speak only the Truth.	(ਹੇ ਪ੍ਰਭੂ!) ਮੈਂ ਸੱਚ ਕਹਿੰਦਾ ਹਾਂ ਕਿ ਜਦੋਂ ਤੂੰ (ਮੇਰਾ ਰਾਖਾ) ਹੈਂ ਤਾਂ ਮੈਨੂੰ ਕਿਸੇ ਹੋਰ ਦੀ ਮੁਥਾਜੀ ਨਹੀਂ।
6042	146	ਮੁਠੀ ਧੰਧੈ ਚੋਰਿ ਮਹਲੁ ਨ ਪਾਈਐ॥		Muthee Dhhandhhai Chor Mehal N Paaeeai ||	Plundered by the thieves of worldly affairs, she does not obtain the Mansion of His Presence.	ਪਰ ਜਿਸ (ਜੀਵ-ਇਸਤ੍ਰੀ) ਨੂੰ ਜਗਤ ਦੇ ਧੰਧੇ-ਰੂਪ ਚੋਰ ਨੇ ਮੋਹ ਲਿਆ ਹੈ, ਉਸ ਨੂੰ ਤੇਰਾ ਦਰ (ਮਹਲ) ਲੱਭਦਾ ਨਹੀਂ।

6043	146	ਏਨੈ ਚਿਤਿ ਕਠੋਰਿ ਸੇਵ ਗਵਾਈਐ॥		Eaenai Chith Kathor Saev Gavaaeeai ||	Being so stone-hearted, she has lost her chance to serve the Lord.	ਉਸ ਨੇ ਕਠੋਰ ਚਿੱਤ ਦੇ ਕਾਰਨ (ਆਪਣੀ ਸਾਰੀ) ਮਿਹਨਤ ਵਿਅਰਥ ਗਵਾ ਲਈ ਹੈ।
6044	146	ਜਿਤੁ ਘਟਿ ਸਚੁ ਨ ਪਾਇ ਸੁ ਭੰਨਿ ਘੜਾਈਐ॥		Jith Ghatt Sach N Paae S Bhann Gharraaeeai ||	That heart, in which the True Lord is not found, should be torn down and re-built.	ਜਿਸ ਹਿਰਦੇ ਵਿਚ ਸੱਚ ਨਹੀਂ ਵੱਸਿਆ, ਉਹ ਹਿਰਦਾ ਸਦਾ ਭੱਜਦਾ ਘੜੀਂਦਾ ਰਹਿੰਦਾ ਹੈ (ਭਾਵ, ਉਸ ਦਾ ਜਨਮ ਮਰਨ ਦਾ ਚੱਕਰ ਬਣਿਆ ਰਹਿੰਦਾ ਹੈ)।
6045	146	ਕਿਉ ਕਰਿ ਪੂਰੈ ਵਟਿ ਤੋਲਿ ਤੁਲਾਈਐ॥	ਤੋਲਣ ਵਾਲੇ (ਵੱਟਿ) ਵੱਟੇ	Kio Kar Poorai Vatt Thol Thulaaeeai ||	How can she be weighed accurately, upon the scale of perfection?	(ਜਦੋਂ) ਉਸ ਦੇ ਕੀਤੇ ਕਰਮਾਂ ਦਾ ਲੇਖਾ ਹੋਵੇ) ਪੂਰੇ ਵੱਟੇ ਨਾਲ ਤੋਲ ਵਿਚ ਕਿਵੇਂ ਪੂਰਾ ਉਤਰੇ?
6046	146	ਕੋਇ ਨ ਆਖੈ ਘਟਿ ਹਉਮੈ ਜਾਈਐ॥	ਘੱਟਿ	Koe N Aakhai Ghatt Houmai Jaaeeai ||	No one will say that her weight has been shorted, if she rids herself of egotism.	ਹਾਂ, ਜੇ ਜੀਵ ਦੀ ਹਉਮੈ ਦੂਰ ਹੋ ਜਾਏ, ਤਾਂ ਕੋਈ ਇਸ ਨੂੰ (ਤੋਲੋਂ) ਘੱਟ ਨਹੀਂ ਆਖਦਾ।
6047	146	ਲਈਅਨਿ ਖਰੇ ਪਰਖਿ ਦਰਿ ਬੀਨਾਈਐ॥	(ਬੀਨਾਈਐ) ਚੁਣ ਕੇ, ਦੇਖ ਕੇ। ਲਈ-ਅਨਿ (ਦੂਜਾ ਪਾਠ: ਦਰਿਬੀ ਨਾਈਐ)	Leean Kharae Parakh Dhar Beenaaeeai ||	The genuine are assayed, and accepted in the Court of the All-knowing Lord.	ਖਰੇ ਜੀਵ ਸਿਆਣੇ ਪ੍ਰਭੂ ਦੇ ਦਰ ਤੇ ਪਰਖ ਲਏ ਜਾਂਦੇ ਹਨ।
6048	146	ਸਉਦਾ ਇਕਤੁ ਹਟਿ ਪੂਰੈ ਗੁਰਿ ਪਾਈਐ॥੧੭॥	ਹੱਟਿ	Soudhaa Eikath Hatt Poorai Gur Paaeeai ||17||	The genuine merchandise is found only in one shop-it is obtained from the Perfect Guru. ||17||	(ਇਹ) ਸਉਦਾ (ਜਿਸ ਨਾਲ ਪ੍ਰਭੂ ਦੇ ਦਰ ਤੇ ਕਬੂਲ ਹੋ ਸਕੀਦਾ ਹੈ) ਇੱਕੋ ਹੀ ਹੱਟੀ ਤੋਂ ਪੂਰੇ ਗੁਰੂ ਤੋਂ ਹੀ ਮਿਲਦਾ ਹੈ ॥੧੭॥

6049	146	ਸਲੋਕੁ ਮਃ ੨॥		Salok Ma 2 ||	Shalok, Second Mehl:	
6050	146	ਅਠੀ ਪਹਰੀ ਅਠ ਖੰਡ ਨਾਵਾ ਖੰਡੁ ਸਰੀਰੁ॥	ਅੱਠੀ। ਅੱਠ। ਨਾਵਾਂ	Athee Peharee Ath Khandd Naavaa Khandd Sareer ||	Twenty-four hours a day, destroy the eight things, and in the ninth place, conquer the body.	ਜੇ (ਧਰਤੀ ਦੇ ੯ ਖੰਡਾਂ ਵਿਚੋਂ) ਨਾਵਾਂ ਖੰਡ ਮਨੁੱਖ-ਸਰੀਰ ਨੂੰ ਮੰਨ ਲਿਆ ਜਾਏ, ਤਾਂ ਅੱਠੇ ਪਹਰ (ਮਨੁੱਖ ਦੇ ਮਨ ਧਰਤੀ ਦੇ) ਸਾਰੇ ਅੱਠ ਖੰਡੀ ਪਦਾਰਥਾਂ ਵਿਚ ਲੱਗਾ ਰਹਿੰਦਾ ਹੈ।
6051	146	ਤਿਸੁ ਵਿਚਿ ਨਉ ਨਿਧਿ ਨਾਮੁ ਏਕੁ ਭਾਲਹਿ ਗੁਣੀ ਗਹੀਰੁ॥	(ਗਹੀਰੁ) ਡੂੰਘੇ	This Vich No Nidhh Naam Eaek Bhaalehi Gunee Geheer ||	Within the body are the nine treasures of the Name of the Lord- seek the depths of these virtues.	(ਨਾਵੇਂ ਖੰਡ ਸਰੀਰ) ਵਿਚ ਨਉ ਨਿਧਿ ਨਾਮ ਲੱਭਦੇ ਹਨ, ਅਥਾਹ ਗੁਣਾਂ ਵਾਲੇ ਪ੍ਰਭੂ ਨੂੰ ਭਾਲਦੇ ਹਨ।
6052	146	ਕਰਮਵੰਤੀ ਸਾਲਾਹਿਆ ਨਾਨਕ ਕਰਿ ਗੁਰੁ ਪੀਰੁ॥		Karamavanthee Saalaahiaa Naanak Kar Gur Peer ||	Those blessed with the karma of good actions praise the Lord. O Nanak, they make the Guru their spiritual teacher.	ਹੇ ਨਾਨਕ! (ਕੋਈ ਵਿਰਲੇ) ਭਾਗਾਂ ਵਾਲੇ ਬੰਦੇ ਗੁਰੂ ਪੀਰ ਧਾਰ ਕੇ (ਪ੍ਰਭੂ ਮਿਲਾਪ ਦਾ ਉਪਰਾਲਾ ਕਰਦੇ ਹਨ)।
6053	146	ਚਉਥੈ ਪਹਰਿ ਸਬਾਹ ਕੈ ਸੁਰਤਿਆ ਉਪਜੈ ਚਾਉ॥	ਪਹਰਿ	Chouthhai Pehar Sabaah Kai Surathiaa Oupajai Chaao ||	In the fourth watch of the early morning hours, a longing arises in their higher consciousness.	ਸਵੇਰ ਦੇ ਚਉਥੇ ਪਹਰ (ਭਾਵ, ਅੰਮ੍ਰਿਤ ਵੇਲੇ) ਉੱਚੀ ਸੁਰਤ ਵਾਲੇ ਬੰਦਿਆਂ ਦੇ ਮਨ ਵਿਚ (ਇਸ ਨਉਨਿਧਿ ਨਾਮ ਲਈ) ਚਾਉ ਪੈਦਾ ਹੁੰਦਾ ਹੈ,

6054	146	ਤਿਨਾ ਦਰੀਆਵਾ ਸਿਉ ਦੋਸਤੀ ਮਨਿ ਮੁਖਿ ਸਚਾ ਨਾਉ॥	ਦਰੀ-ਆਵਾ: ਰਾਰੇ ਬਿਹਾਰੀ ਦੱਬ ਕੇ ਬੋਲੋ, ਦਰਿਆਵਾ ਨਹੀ ਉਚਾਰਨਾ	Thinaa Dhareeaavaa Sio Dhosathee Man Mukh Sachaa Naao ||	They are attuned to the river of life; the True Name is in their minds and on their lips.	(ਉਸ ਵੇਲੇ) ਉਹਨਾਂ ਦੀ ਸਾਂਝ ਉਹਨਾਂ ਗੁਰਮੁਖਾਂ ਨਾਲ ਬਣਦੀ ਹੈ (ਜਿਨ੍ਹਾਂ ਦੇ ਅੰਦਰ ਨਾਮ ਦਾ ਪ੍ਰਵਾਹ ਚੱਲ ਰਿਹਾ ਹੈ) ਅਤੇ ਉਹਨਾਂ ਦੇ ਮਨ ਵਿਚ ਤੇ ਮੂੰਹ ਵਿਚ ਸੱਚਾ ਨਾਮ ਵੱਸਦਾ ਹੈ।
6055	146	ਓਥੈ ਅੰਮ੍ਰਿਤੁ ਵੰਡੀਐ ਕਰਮੀ ਹੋਇ ਪਸਾਉ॥	(ਪਸਾਉ) ਮਿਹਰ	Outhhai Anmrith Vanddeeai Karamee Hoe Pasaao ||	The Ambrosial Nectar is distributed, and those with good karma receive this gift.	ਓਥੇ (ਸਤ-ਸੰਗ ਵਿਚ) ਨਾਮ-ਅੰਮ੍ਰਿਤ ਵੰਡਿਆ ਜਾਂਦਾ ਹੈ, ਪ੍ਰਭੂ ਦੀ ਮਿਹਰ ਨਾਲ ਉਹਨਾਂ ਨੂੰ ਨਾਮ ਦੀ ਦਾਤ ਮਿਲਦੀ ਹੈ।
6056	146	ਕੰਚਨ ਕਾਇਆ ਕਸੀਐ ਵੰਨੀ ਚੜੈ ਚੜਾਉ॥	ਚੜੈ	Kanchan Kaaeiaa Kaseeai Vannee Charrai Charraao ||	Their bodies become golden, and take on the color of spirituality.	(ਜਿਵੇਂ ਤਾਉ ਦੇ ਦੇ ਕੇ) ਸੋਨੇ (ਨੂੰ ਕੱਸ ਲਾਈਦੀ ਹੈ, ਤਿਵੇਂ ਅੰਮ੍ਰਿਤ ਵੇਲੇ ਦੀ ਘਾਲ-ਕਮਾਈ ਦੀ ਉਹਨਾਂ ਦੇ) ਸਰੀਰ ਨੂੰ ਕੱਸ ਲਾਈਦੀ ਤੇ (ਭਗਤੀ ਦਾ) ਸੋਹਣਾ ਰੰਗ ਚੜ੍ਹਦਾ ਹੈ।
6057	146	ਜੇ ਹੋਵੈ ਨਦਰਿ ਸਰਾਫ ਕੀ ਬਹੁੜਿ ਨ ਪਾਈ ਤਾਉ॥	(ਸਰਾਫ) ਜੌਹਰੀ। (ਤਾਉ) ਤਪਾਉਣਾ	Jae Hovai Nadhar Saraaf Kee Bahurr N Paaee Thaao ||	If the Jeweller casts His Glance of Grace, they are not placed in the fire again.	ਜਦੋਂ ਸਰਾਫ਼ (-ਪ੍ਰਭੂ) ਦੀ ਮਿਹਰ ਦੀ ਨਜ਼ਰ ਹੁੰਦੀ ਹੈ, ਤਾਂ ਫੇਰ ਤਪਾਣ (ਭਾਵ ਹੋਰ ਘਾਲਾਂ) ਦੀ ਲੋੜ ਨਹੀਂ ਰਹਿੰਦੀ।

6058	146	ਸਤੀ ਪਹਰੀ ਸਤੁ ਭਲਾ ਬਹੀਐ ਪੜਿਆ ਪਾਸਿ॥	ਸੱਤੀਂ। ਪਹਰੀਂ। ਪੜ੍ਹਿਆਂ	Sathee Peharee Sath Bhalaa Beheeai Parriaa Paas ||	Throughout the other seven watches of the day, it is good to speak the Truth, and sit with the spiritually wise.	(ਅਠਵਾਂ ਪਹਰ ਅੰਮ੍ਰਿਤ ਵੇਲਾ ਪ੍ਰਭੂ-ਚਰਨਾਂ ਵਿਚ ਵਰਤ ਕੇ ਬਾਕੀ ਦੇ) ਸੱਤ ਪਹਰ ਭੀ ਭਲਾ ਆਚਰਨ (ਬਨਾਣ ਦੀ ਲੋੜ ਹੈ) ਗੁਰਮੁਖਾਂ ਪਾਸ ਬੈਠਣਾ ਚਾਹੀਦਾ ਹੈ।
6059	146	ਓਥੈ ਪਾਪੁ ਪੁੰਨੁ ਬੀਚਾਰੀਐ ਕੂੜੈ ਘਟੈ ਰਾਸਿ॥		Outhhai Paap Punn Beechaareeai Koorrai Ghattai Raas ||	There, vice and virtue are distinguished, and the capital of falsehood is decreased.	ਉਹਨਾਂ ਦੀ ਸੰਗਤਿ ਵਿਚ (ਬੈਠਿਆਂ) ਚੰਗੇ ਮੰਦੇ ਕੰਮ ਦੀ ਵਿਚਾਰ ਹੁੰਦੀ ਹੈ, ਝੂਠ ਦੀ ਪੂੰਜੀ ਘਟਦੀ ਹੈ,
6060	146	ਓਥੈ ਖੋਟੇ ਸਟੀਅਹਿ ਖਰੇ ਕੀਚਹਿ ਸਾਬਾਸਿ॥		Outhhai Khottae Satteeahi Kharae Keechehi Saabaas ||	There, the counterfeit are cast aside, and the genuine are cheered.	ਕਿਉਂਕਿ ਉਸ ਸੰਗਤਿ ਵਿਚ ਖੋਟੇ ਕੰਮਾਂ ਨੂੰ ਸੁੱਟ ਦੇਈਦਾ ਹੈ ਤੇ ਖਰੇ ਕੰਮਾਂ ਦੀ ਸ਼ਲਾਘਾ ਕੀਤੀ ਜਾਂਦੀ ਹੈ।
6061	146	ਬੋਲਣੁ ਫਾਦਲੁ ਨਾਨਕਾ ਦੁਖੁ ਸੁਖੁ ਖਸਮੈ ਪਾਸਿ॥੧॥	(ਫਾਦਲੁ) ਬੇਅਰਥ	Bolan Faadhal Naanakaa Dhukh Sukh Khasamai Paas ||1||	Speech is vain and useless. O Nanak, pain and pleasure are in the power of our Lord and Master. ||1||	ਅਤੇ, ਹੇ ਨਾਨਕ! ਓਥੇ ਇਹ ਭੀ ਸਮਝ ਪੈ ਜਾਂਦੀ ਹੈ ਕਿ ਕਿਸੇ ਵਾਪਰੇ ਦੁੱਖ ਦਾ ਗਿਲਾ ਕਰਨਾ ਵਿਅਰਥ ਹੈ, ਦੁੱਖ ਸੁਖ ਉਹ ਖਸਮ ਪ੍ਰਭੂ ਆਪ ਹੀ ਦੇਂਦਾ ਹੈ ॥੧॥
6062	146	ਮਃ ੨॥		Ma 2 ||	Second Mehl:	
6063	146	ਪਉਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ॥	(ਮ-ਹੱਤੁ) ਵੱਡੇ	Poun Guroo Paanee Pithaa Maathaa Dhharath Mehath ||	Air is the Guru, Water is the Father, and Earth is the Great Mother of all.	ਹਵਾ (ਜੀਵਾਂ ਦਾ, ਮਾਨੋ) ਗੁਰੂ ਹੈ (ਭਾਵ, ਹਵਾ ਸਰੀਰਾਂ ਲਈ ਇਉਂ ਹੈ, ਜਿਵੇਂ ਗੁਰੂ ਜੀਵਾਂ ਦੇ ਆਤਮਾ ਲਈ ਹੈ), ਪਾਣੀ (ਸਭ ਜੀਵਾਂ ਦਾ) ਪਿਉ ਹੈ, ਅਤੇ ਧਰਤੀ (ਸਭ ਦੀ) ਵੱਡੀ ਮਾਂ ਹੈ।

6064	146	ਦਿਨਸੁ ਰਾਤਿ ਦੁਇ ਦਾਈ ਦਾਇਆ ਖੇਲੈ ਸਗਲ ਜਗਤੁ॥	ਜੱਗ-ਤੁ	Dhinas Raath Dhue Dhaaee Dhaaeiaa Khaelai Sagal Jagath ||	Day and night are the two nurses, in whose lap all the world is at play.	ਦਿਨ ਅਤੇ ਰਾਤ ਖਿਡਾਵਾ ਤੇ ਖਿਡਾਵੀ ਹਨ, (ਇਹਨਾਂ ਨਾਲ) ਸਾਰਾ ਸੰਸਾਰ ਖੇਡ ਰਿਹਾ ਹੈ (ਭਾਵ, ਸੰਸਾਰ ਦੇ ਸਾਰੇ ਜੀਵ ਰਾਤ ਨੂੰ ਸਉਣ ਵਿਚ ਤੇ ਦਿਨੇ ਕਾਰ-ਵਿਹਾਰ ਵਿਚ ਪਰਚੇ ਪਏ ਹਨ)।
6065	146	ਚੰਗਿਆਈਆ ਬੁਰਿਆਈਆ ਵਾਚੇ ਧਰਮੁ ਹਦੂਰਿ॥	(ਵਾਚੇ) ਵੀਚਾਰੇ	Changiaaeeaa Buriaaeeaa Vaachae Dhharam Hadhoor ||	Good deeds and bad deeds-the record is read out in the Presence of the Lord of Dharma.	ਧਰਮਰਾਜ ਬੜੇ ਗਹੁ ਨਾਲ (ਇਹਨਾਂ ਦੇ) ਕੀਤੇ ਹੋਏ ਚੰਗੇ ਤੇ ਮੰਦੇ ਕੰਮ (ਨਿੱਤ) ਵਿਚਾਰਦਾ ਹੈ।
6066	146	ਕਰਮੀ ਆਪੋ ਆਪਣੀ ਕੇ ਨੇੜੈ ਕੇ ਦੂਰਿ॥		Karamee Aapo Aapanee Kae Naerrai Kae Dhoor ||	According to their own actions, some are drawn closer, and some are driven farther away.	ਤੇ, ਆਪੋ ਆਪਣੇ (ਇਹਨਾਂ ਕੀਤੇ ਹੋਏ) ਕਰਮਾਂ ਦੇ ਅਨੁਸਾਰ ਕਈ ਜੀਵ ਅਕਾਲ ਪੁਰਖ ਦੇ ਨੇੜੇ ਹੁੰਦੇ ਜਾ ਰਹੇ ਹਨ, ਤੇ ਕਈ ਉਸ ਤੋਂ ਦੂਰ ਹੁੰਦੇ ਜਾ ਰਹੇ ਹਨ।
6067	146	ਜਿਨੀ ਨਾਮੁ ਧਿਆਇਆ ਗਏ ਮਸਕਤਿ ਘਾਲਿ॥		Jinee Naam Dhhiaaeiaa Geae Masakath Ghaal ||	Those who have meditated on the Naam, the Name of the Lord, and departed after having worked by the sweat of their brow	ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੇ ਅਕਾਲ ਪੁਰਖ ਦਾ ਨਾਮ ਸਿਮਰਿਆ ਹੈ, ਉਹ ਆਪਣੀ ਮਿਹਨਤ ਸਫਲੀ ਕਰ ਗਏ ਹਨ।

6068	146	ਨਾਨਕ ਤੇ ਮੁਖ ਉਜਲੇ ਹੋਰ ਕੇਤੀ ਛੁਟੀ ਨਾਲਿ॥੨॥	ਉੱਜਲੇ	Naanak Thae Mukh Oujalae Hor Kaethee Shhuttee Naal ||2||	-O Nanak, their faces are radiant in the Court of the Lord, and many others are saved along with them! ||2||	(ਪ੍ਰਭੂ ਦੇ ਦਰ ਤੇ) ਉਹ ਸੁਰਖ਼ਰੂ ਹਨ, ਹੋਰ ਬਥੇਰੀ ਲੁਕਾਈ ਭੀ ਉਹਨਾਂ ਦੀ ਸੰਗਤਿ ਵਿਚ ਰਹਿ ਕੇ ਮੁਕਤ ਹੋ ਜਾਂਦੀ ਹੈ ॥੨॥
6069	146	ਪਉੜੀ॥		Pourree ||	Pauree:	
6070	146	ਸਚਾ ਭੋਜਨੁ ਭਾਉ ਸਤਿਗੁਰਿ ਦਸਿਆ॥	ਦੱਸਿਆ	Sachaa Bhojan Bhaao Sathigur Dhasiaa ||	The True Food is the Love of the Lord; the True Guru has spoken.	(ਜਿਸ ਭਾਗਾਂ ਵਾਲੇ ਨੂੰ) ਸਤਿਗੁਰੂ ਨੇ (ਆਤਮਾ ਲਈ) ਪ੍ਰਭੂ-ਪ੍ਰੇਮ-ਰੂਪ ਸੱਚਾ ਭੋਜਨ ਦੱਸਿਆ ਹੈ,
6071	146	ਸਚੇ ਹੀ ਪਤੀਆਇ ਸਚਿ ਵਿਗਸਿਆ॥	(ਪਤੀਆਇ) ਪਤੀਜ ਕੇ, ਭਾਵ ਯਕੀਨ ਕਰਕੇ। (ਵਿਗ-ਸਿਆ) ਖਿੜਿਆ	Sachae Hee Patheeaae Sach Vigasiaa ||	With this True Food, I am satisfied, and with the Truth, I am delighted.	ਉਹ ਮਨੁੱਖ ਸੱਚੇ ਪ੍ਰਭੂ ਵਿਚ ਹੀ ਪਰਚ ਜਾਂਦਾ ਹੈ। ਸੱਚੇ ਪ੍ਰਭੂ ਵਿਚ (ਟਿਕ ਕੇ) ਪ੍ਰਸੰਨ ਰਹਿੰਦਾ ਹੈ।
6072	146	ਸਚੈ ਕੋਟਿ ਗਿਰਾਂਇ ਨਿਜ ਘਰਿ ਵਸਿਆ॥	(ਗਿਰਾਂਇ) ਪਿੰਡ	Sachai Kott Giraane Nij Ghar Vasiaa ||	True are the cities and the villages, where one abides in the True Home of the self.	ਉਹ (ਪ੍ਰਭੂ ਦੇ ਚਰਨਾਂ-ਰੂਪ) ਸ੍ਵੈ-ਸਰੂਪ ਵਿਚ ਵੱਸਦਾ ਹੈ (ਮਾਨੋ) ਸਦਾ-ਥਿਰ ਰਹਿਣ ਵਾਲੇ ਕਿਲ੍ਹੇ ਵਿਚ ਪਿੰਡ ਵਿਚ ਵੱਸਦਾ ਹੈ।
6073	146	ਸਤਿਗੁਰਿ ਤੁਠੈ ਨਾਉ ਪ੍ਰੇਮਿ ਰਹਸਿਆ॥	(ਰਹ-ਸਿਆ) ਅਨੰਦਿਤ। ਤੁੱਠੈ	Sathigur Thuthai Naao Praem Rehasiaa ||	When the True Guru is pleased, one receives the Lord's Name, and blossoms forth in His Love.	ਗੁਰੂ ਦੇ ਤਰੁੱਠਿਆਂ ਹੀ ਪ੍ਰਭੂ ਦਾ ਨਾਮ ਮਿਲਦਾ ਹੈ, ਤੇ ਪ੍ਰਭੂ ਦੇ ਪ੍ਰੇਮ ਵਿਚ ਰਹਿ ਕੇ ਖਿੜੇ ਰਹਿ ਸਕੀਦਾ ਹੈ।

6074	146	ਸਚੈ ਦੈ ਦੀਬਾਣਿ ਕੂੜਿ ਨ ਜਾਈਐ॥	(ਦੀਬਾਣਿ) ਦਰਬਾਰ ਚ	Sachai Dhai Dheebaan Koorr N Jaaeeai ||	No one enters the Court of the True Lord through falsehood.	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਦਰਬਾਰ ਵਿਚ ਕੂੜ ਦੇ (ਸਉਦੇ) ਦੀ ਰਾਹੀਂ ਨਹੀਂ ਅੱਪੜ ਸਕੀਦਾ।
6075	146	ਝੂਠੋ ਝੂਠੁ ਵਖਾਣਿ ਸੁ ਮਹਲੁ ਖੁਆਈਐ॥	(ਖੁਆਈਐ) ਖੁੰਝਾ ਲੈਣਾ	Jhootho Jhooth Vakhaan S Mehal Khuaaeeai ||	By uttering falsehood and only falsehood, the Mansion of the Lord's Presence is lost.	ਝੂਠ ਬੋਲ ਬੋਲ ਕੇ ਪ੍ਰਭੂ ਦਾ ਨਿਵਾਸ-ਥਾਂ ਗਵਾ ਬੈਠੀਦਾ ਹੈ।
6076	147	ਸਚੈ ਸਬਦਿ ਨੀਸਾਣਿ ਠਾਕ ਨ ਪਾਈਐ॥	(ਨੀਸਾਣਿ) ਪਰਵਾਨਾ। (ਠਾਕ) ਰੋਕ	Sachai Sabadh Neesaan Thaak N Paaeeai ||	No one blocks the way of those who are blessed with the Banner of the True Word of the Shabad.	ਸੱਚੇ ਸ਼ਬਦ-ਰੂਪ ਰਾਹਦਾਰੀ ਦੀ ਰਾਹੀਂ (ਪ੍ਰਭੂ ਨੂੰ ਮਿਲਣ ਦੇ ਰਾਹ ਵਿਚ) ਕੋਈ ਹੋਰ ਰੋਕ ਨਹੀਂ ਪੈਂਦੀ।
6077	147	ਸਚੁ ਸੁਣਿ ਬੁਝਿ ਵਖਾਣਿ ਮਹਲਿ ਬੁਲਾਈਐ॥੧੮॥	ਬੁੱਝਿ	Sach Sun Bujh Vakhaan Mehal Bulaaeeai ||18||	Hearing, understanding and speaking Truth, one is called to the Mansion of the Lord's Presence. ||18||	ਪ੍ਰਭੂ ਦਾ ਨਾਮ ਸੁਣ ਕੇ ਸਮਝ ਕੇ ਤੇ ਸਿਮਰ ਕੇ ਪ੍ਰਭੂ ਦੇ ਮਹਲ ਵਿਚ ਸੱਦਾ ਪੈਂਦਾ ਹੈ ॥੧੮॥
6078	147	ਸਲੋਕੁ ਮਃ ੧॥		Salok Ma 1 ||	Shalok, First Mehl:	

6079	147	ਪਹਿਰਾ ਅਗਨਿ ਹਿਵੈ ਘਰੁ ਬਾਧਾ ਭੋਜਨੁ ਸਾਰੁ ਕਰਾਈ॥	(ਪਹਿਰਾ) ਪਹਿਨਣਾ। (ਹਿਵੈ) ਬਰਫ਼। (ਬਾਧਾ) ਬੰਨ੍ਹਣਾ, ਬਨਾਉਣਾ। (ਸਾਰੁ) ਲੋਹਾ	Pehiraa Agan Hivai Ghar Baadhhaa Bhojan Saar Karaaee ||	If I dressed myself in fire, and built my house of snow, and made iron my food;	ਜੇ ਮੈਂ ਅੱਗ (ਭੀ) ਪਹਿਨ ਲਵਾਂ, (ਜਾਂ) ਬਰਫ਼ ਵਿਚ ਘਰ ਬਣਾ ਲਵਾਂ (ਭਾਵ, ਜੇ ਮੇਰੇ ਮਨ ਵਿਚ ਇਤਨੀ ਤਾਕਤ ਆ ਜਾਏ ਕਿ ਅੱਗ ਵਿਚ ਤੇ ਬਰਫ਼ ਵਿਚ ਬੈਠ ਸਕਾਂ) ਲੋਹੇ ਨੂੰ ਭੋਜਨ ਬਣਾ ਲਵਾਂ (ਲੋਹਾ ਖਾ ਸਕਾਂ),
6080	147	ਸਗਲੇ ਦੂਖ ਪਾਣੀ ਕਰਿ ਪੀਵਾ ਧਰਤੀ ਹਾਕ ਚਲਾਈ॥	(ਹਾਕ) ਹੁਕਮ	Sagalae Dhookh Paanee Kar Peevaa Dhharathee Haak Chalaaee ||	And if I were to drink in all pain like water, and drive the entire earth before me;	ਜੇ ਮੈਂ ਸਾਰੇ ਹੀ ਦੁੱਖ ਬੜੇ ਸੌਖ ਨਾਲ ਸਹਾਰ ਸਕਾਂ, ਸਾਰੀ ਧਰਤੀ ਨੂੰ ਆਪਣੇ ਹੁਕਮ ਵਿਚ ਤੋਰ ਸਕਾਂ,
6081	147	ਧਰਿ ਤਾਰਾਜੀ ਅੰਬਰੁ ਤੋਲੀ ਪਿਛੈ ਟੰਕੁ ਚੜਾਈ॥	(ਤਾਰਾਜੀ) ਤੱਕੜੀ। (ਟੰਕੁ) ਚਾਰ ਮਾਸੇ ਤੋਲ	Dhhar Thaaraajee Anbar Tholee Pishhai Ttank Charraaee ||	And if I were to place the earth upon a scale and balance it with a single copper coin;	ਜੇ ਮੈਂ ਸਾਰੇ ਅਸਮਾਨ ਨੂੰ ਤੱਕੜੀ ਵਿਚ ਰੱਖ ਕੇ ਤੇ ਪਿਛਲੇ ਛਾਬੇ ਵਿਚ ਚਾਰ ਮਾਸੇ ਦਾ ਵੱਟਾ ਪਾ ਕੇ ਤੋਲ ਸਕਾਂ,
6082	147	ਏਵਡੁ ਵਧਾ ਮਾਵਾ ਨਾਹੀ ਸਭਸੈ ਨਥਿ ਚਲਾਈ॥	(:ਪੋਲਾ ਬੋਲੋ ਵਧਾ) ਵਧਣਾ ਕਰਾਂ। (ਮਾਵਾ) ਸਮਾਵਾਂ। (ਨੱਥਿ) ਅਧੀਨ	Eaevadd Vadhhaa Maavaa Naahee Sabhasai Nathh Chalaaee ||	And if I were to become so great that I could not be contained, and if I were to control and lead all;	ਜੇ ਮੈਂ ਆਪਣੇ ਸਰੀਰ ਨੂੰ ਇਤਨਾ ਵਧਾ ਸਕਾਂ ਕਿ ਕਿਤੇ ਸਮਾ ਹੀ ਨ ਸਕਾਂ, ਸਾਰੇ ਜੀਵਾਂ ਨੂੰ ਨੱਥ ਕੇ ਤੋਰਾਂ, (ਭਾਵ, ਆਪਣੇ ਹੁਕਮ ਵਿਚ ਚਲਾਵਾਂ)

6083	147	ਏਤਾ ਤਾਣੁ ਹੋਵੈ ਮਨ ਅੰਦਰਿ ਕਰੀ ਭਿ ਆਖਿ ਕਰਾਈ॥	(ਤਾਣੁ) ਬਲ	Eaethaa Thaan Hovai Man Andhar Karee Bh Aakh Karaaee ||	And if I were to possess so much power within my mind that I could cause others to do my bidding-so what?	ਜੇ ਮੇਰੇ ਮਨ ਵਿਚ ਇਤਨਾ ਬਲ ਹੋ ਜਾਏ, ਕਿ ਜੋ ਚਾਹੇ ਕਰਾਂ ਤੇ ਆਖ ਕੇ ਹੋਰਨਾਂ ਪਾਸੋਂ ਕਰਾਵਾਂ (ਤਾਂ ਭੀ ਇਹ ਸਭ ਕੁਝ ਤੁੱਛ ਹੈ)।
6084	147	ਜੇਵਡੁ ਸਾਹਿਬੁ ਤੇਵਡ ਦਾਤੀ ਦੇ ਦੇ ਕਰੇ ਰਜਾਈ॥	ਜੇਵੱਡੁਤੇਵੱਡ, ਦੱਾਤੀ	Jaevadd Saahib Thaevadd Dhaathee Dhae Dhae Karae Rajaaee ||	As Great as our Lord and Master is, so great are His gifts. He bestows them according to His Will.	ਖਸਮ ਪ੍ਰਭੂ ਜੇਡਾ ਵੱਡਾ ਆਪ ਹੈ ਉਤਨੀਆਂ ਹੀ ਉਸ ਦੀਆਂ ਬਖ਼ਸ਼ਸ਼ਾਂ ਹਨ, ਜੇ ਰਜ਼ਾ ਦਾ ਮਾਲਕ ਸਾਈਂ ਹੋਰ ਭੀ ਬੇਅੰਤ (ਤਾਕਤਾਂ ਦੀਆਂ) ਦਾਤਾਂ ਮੈਨੂੰ ਦੇ ਦੇਵੇ, (ਤਾਂ ਭੀ ਇਹ ਤੁੱਛ ਹਨ)।
6085	147	ਨਾਨਕੁ ਨਦਰਿ ਕਰੇ ਜਿਸੁ ਉਪਰਿ ਸਚਿ ਨਾਮਿ ਵਡਿਆਈ॥੧॥		Naanak Nadhar Karae Jis Oupar Sach Naam Vaddiaaee ||1||	O Nanak, those upon whom the Lord casts His Glance of Grace, obtain the glorious greatness of the True Name. ||1||	(ਅਸਲ ਗੱਲ) ਹੇ ਨਾਨਕ! (ਇਹ ਹੈ ਕਿ) ਜਿਸ ਬੰਦੇ ਉਤੇ ਮਿਹਰ ਦੀ ਨਜ਼ਰ ਕਰਦਾ ਹੈ, ਉਸ ਨੂੰ (ਆਪਣੇ) ਸੱਚੇ ਨਾਮ ਦੀ ਰਾਹੀਂ ਵਡਿਆਈ ਬਖ਼ਸ਼ਦਾ ਹੈ (ਭਾਵ, ਇਹਨਾਂ ਮਾਨਸਕ ਤਾਕਤਾਂ ਨਾਲੋਂ ਵਧ ਕੇ ਨਾਮ ਦੀ ਬਰਕਤਿ ਹੈ) ॥੧॥
6086	147	ਮਃ ੨॥		Ma 2 ||	Second Mehl:	
6087	147	ਆਖਣੁ ਆਖਿ ਨ ਰਜਿਆ ਸੁਨਣਿ ਨ ਰਜੇ ਕੰਨ॥	(ਆਖਣੁ) ਮੂੰਹ। ਰੱਜਿਆ ਰੱਜੇ ਅੱਖੀਂ	Aakhan Aakh N Rajiaa Sunan N Rajae Kann ||	The mouth is not satisfied by speaking, and the ears are not satisfied by hearing.	ਮੂੰਹ ਬੋਲ ਬੋਲ ਕੇ ਰੱਜਦਾ ਨਹੀਂ (ਭਾਵ, ਗੱਲਾਂ ਕਰਨ ਦਾ ਚਸਕਾ ਮੁੱਕਦਾ ਨਹੀਂ), ਕੰਨ (ਗੱਲਾਂ) ਸੁਣਨ ਨਾਲ ਨਹੀਂ ਰੱਜਦੇ,

6088	147	ਅਖੀ ਦੇਖਿ ਨ ਰਜੀਆ ਗੁਣ ਗਾਹਕ ਇਕ ਵੰਨ॥	ਇਕ ਇਕ (ਵੰਨ) ਰੰਗ। ਅੱਖੀਂ, ਰੱਜੀਆਂ	Akhee Dhaekh N Rajeeaa Gun Gaahak Eik Vann ||	The eyes are not satisfied by seeing- each organ seeks out one sensory quality.	ਅੱਖਾਂ (ਰੂਪ ਰੰਗ) ਵੇਖ ਵੇਖ ਕੇ ਨਹੀਂ ਰੱਜਦੀਆਂ, (ਇਹ ਸਾਰੇ ਇੰਦਰੇ) ਇਕ ਇਕ ਕਿਸਮ ਦੇ ਗੁਣਾਂ (ਰਸਾਂ) ਦੇ ਗਾਹਕ ਹਨ (ਆਪੋ ਆਪਣੇ ਰਸਾਂ ਦੀ ਗਾਹਕੀ ਵਿਚ ਰੱਜਦੇ ਨਹੀਂ, ਰਸਾਂ ਦੇ ਅਧੀਨ ਹੋਏ ਇਹਨਾਂ ਇੰਦ੍ਰਿਆਂ ਦਾ ਚਸਕਾ ਹਟਦਾ ਨਹੀਂ)।
6089	147	ਭੁਖਿਆ ਭੁਖ ਨ ਉਤਰੈ ਗਲੀ ਭੁਖ ਨ ਜਾਇ॥	ਭੁੱਖਿਆਂ, ਗੱਲੀਂ	Bhukhiaa Bhukh N Outharai Galee Bhukh N Jaae ||	The hunger of the hungry is not appeased; by mere words, hunger is not relieved.	ਭੁੱਖ ਦੇ ਅਧੀਨ ਹੋਇਆਂ ਦੀ ਸਮਝਾਇਆਂ ਭੀ ਭੁੱਖ ਮਿਟ ਨਹੀਂ ਸਕਦੀ।
6090	147	ਨਾਨਕ ਭੁਖਾ ਤਾ ਰਜੈ ਜਾ ਗੁਣ ਕਹਿ ਗੁਣੀ ਸਮਾਇ॥੨॥	ਭੁੱਖਾ ਰੱਜੈ	Naanak Bhukhaa Thaa Rajai Jaa Gun Kehi Gunee Samaae ||2||	O Nanak, hunger is relieved only when one utters the Glorious Praises of the Praiseworthy Lord. ||2||	ਹੇ ਨਾਨਕ! ਤ੍ਰਿਸ਼ਨਾ ਦਾ ਮਾਰਿਆ ਮਨੁੱਖ ਤਦੋਂ ਹੀ ਤ੍ਰਿਪਤ ਹੋ ਸਕਦਾ ਹੈ, ਜੇ ਗੁਣਾਂ ਦੇ ਮਾਲਕ ਪਰਮਾਤਮਾ ਦੇ ਗੁਣ ਉਚਾਰ ਕੇ ਉਸ ਵਿਚ ਲੀਨ ਹੋ ਜਾਏ ॥੨॥
6091	147	ਪਉੜੀ॥		Pourree ||	Pauree:	
6092	147	ਵਿਣੁ ਸਚੇ ਸਭੁ ਕੂੜੁ ਕੂੜੁ ਕਮਾਈਐ॥		Vin Sachae Sabh Koorr Koorr Kamaaeeai ||	Without the True One, all are false, and all practice falsehood.	ਜੇ ਪ੍ਰਭੂ ਦਾ ਨਾਮ ਵਿਸਾਰ ਦੇਈਏ, ਤਾਂ ਬਾਕੀ ਸਭ ਕੁਝ ਕੂੜ ਹੀ ਕਮਾਈਦਾ ਹੈ।

6093	147	ਵਿਣੁ ਸਚੇ ਕੂੜਿਆਰੁ ਬੰਨਿ ਚਲਾਈਐ॥	ਬੰਨ੍ਹਿ	Vin Sachae Koorriaar Bann Chalaaeeai ||	Without the True One, the false ones are bound and gagged and driven off.	(ਇਸ ਕੂੜ ਵਿਚ ਮਨ ਇਤਨਾ ਗੱਡਿਆ ਜਾਂਦਾ ਹੈ ਕਿ) ਨਾਮ ਤੋਂ ਖੁੰਝੇ ਹੋਏ ਕੂੜ ਦੇ ਵਪਾਰੀ ਨੂੰ ਮਾਇਆ ਦੇ ਬੰਧਨ ਜਕੜ ਕੇ ਭਟਕਾਉਂਦੇ ਫਿਰਦੇ ਹਨ।
6094	147	ਵਿਣੁ ਸਚੇ ਤਨੁ ਛਾਰੁ ਛਾਰੁ ਰਲਾਈਐ॥	(ਛਾਰੁ) ਸੁਆਹ	Vin Sachae Than Shhaar Shhaar Ralaaeeai ||	Without the True One, the body is just ashes, and it mingles again with ashes.	(ਇਸ ਦਾ) ਇਹ ਨਕਾਰਾ ਸਰੀਰ ਮਿੱਟੀ ਵਿਚ ਹੀ ਰੁਲ ਜਾਂਦਾ ਹੈ (ਭਾਵ, ਐਵੇਂ ਅਜ਼ਾਈਂ ਚਲਾ ਜਾਂਦਾ ਹੈ)।
6095	147	ਵਿਣੁ ਸਚੇ ਸਭ ਭੁਖ ਜਿ ਪੈਝੈ ਖਾਈਐ॥	(ਪੈਝੈ) ਪਹਿਨੀਏ	Vin Sachae Sabh Bhukh J Paijhai Khaaeeai ||	Without the True Ome, all food and clothes are unsatisfying.	ਜੋ ਕੁਝ ਖਾਂਦਾ ਪਹਿਨਦਾ ਹੈ ਉਹ ਸਗੋਂ ਹੋਰ ਤ੍ਰਿਸ਼ਨਾ ਵਧਾਂਦਾ ਹੈ।
6096	147	ਵਿਣੁ ਸਚੇ ਦਰਬਾਰੁ ਕੂੜਿ ਨ ਪਾਈਐ॥		Vin Sachae Dharabaar Koorr N Paaeeai ||	Without the True One, the false ones do not attain the Lord's Court.	ਪ੍ਰਭੂ ਦਾ ਨਾਮ ਵਿਸਾਰ ਕੇ ਝੂਠ ਵਿਚ ਲੱਗਿਆਂ ਪ੍ਰਭੂ ਦਾ ਦਰਬਾਰ ਪ੍ਰਾਪਤ ਨਹੀਂ ਹੁੰਦਾ।
6097	147	ਕੂੜੈ ਲਾਲਚਿ ਲਗਿ ਮਹਲੁ ਖੁਆਈਐ॥	(ਖੁਆਈਐ) ਖੁੰਝਾ ਲਈਦਾ	Koorrai Laalach Lag Mehal Khuaaeeai ||	Attached to false attachments, the Mansion of the Lord's Presence is lost.	ਕੂੜੇ ਲਾਲਚ ਵਿਚ ਫਸ ਕੇ ਪ੍ਰਭੂ ਦਾ ਦਰ ਗਵਾ ਲਈਦਾ ਹੈ,
6098	147	ਸਭੁ ਜਗੁ ਠਗਿਓ ਠਗਿ ਆਈਐ ਜਾਈਐ॥		Sabh Jag Thagiou Thag Aaeeai Jaaeeai ||	The whole world is deceived by deception, coming and going in reincarnation.	(ਤੇ ਇਸ ਕਰ ਕੇ ਇਹ ਜਗਤ) ਕੂੜ-ਰੂਪ ਠੱਗ ਦਾ ਠੱਗਿਆ ਜਨਮ ਮਰਨ ਦੇ ਗੇੜ ਵਿਚ ਪਿਆ ਹੋਇਆ ਹੈ।

6099	147	ਤਨ ਮਹਿ ਤ੍ਰਿਸਨਾ ਅਗਿ ਸਬਦਿ ਬੁਝਾਈਐ॥੧੯॥	ਅੱਗਿ, ਬੁਝਾਈਐ: ਪੋਲਾ ਬੋਲੋ	Than Mehi Thrisanaa Ag Sabadh Bujhaaeeai ||19||	Within the body is the fire of desire; through the Word of the Shabad, it is quenched. ||19||	(ਮਨੁੱਖਾ) ਸਰੀਰ ਵਿਚ ਇਹ (ਜੋ) ਤ੍ਰਿਸ਼ਨਾ ਦੀ ਅੱਗ ਹੈ, ਇਹ ਕੇਵਲ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਬੁੱਝ ਸਕਦੀ ਹੈ ॥੧੯॥
6100	147	ਸਲੋਕ ਮਃ ੧॥		Salok Ma 1 ||	Shalok, First Mehl:	
6101	147	ਨਾਨਕ ਗੁਰੁ ਸੰਤੋਖੁ ਰੁਖੁ ਧਰਮੁ ਫੁਲੁ ਫਲ ਗਿਆਨੁ॥	ਰੁੱਖੁ ਫੁੱਲੁ	Naanak Gur Santhokh Rukh Dhharam Ful Fal Giaan ||	O Nanak, the Guru is the tree of contentment, with flowers of faith, and fruits of spiritual wisdom.	ਹੇ ਨਾਨਕ! (ਪੂਰਨ) ਸੰਤੋਖ (-ਸਰੂਪ) ਗੁਰੂ (ਮਾਨੋ, ਇਕ) ਰੁੱਖ ਹੈ (ਜਿਸ ਨੂੰ) ਧਰਮ (-ਰੂਪ) ਫੁੱਲ (ਲੱਗਦਾ) ਹੈ ਤੇ ਗਿਆਨ (-ਰੂਪ) ਫਲ (ਲੱਗਦੇ) ਹਨ, ਪ੍ਰੇਮ-ਜਲ ਨਾਲ ਰਸਿਆ ਹੋਇਆ (ਇਹ ਰੁੱਖ) ਸਦਾ ਹਰਾ ਰਹਿੰਦਾ ਹੈ।
6102	147	ਰਸਿ ਰਸਿਆ ਹਰਿਆ ਸਦਾ ਪਕੈ ਕਰਮਿ ਧਿਆਨਿ॥	ਪੱਕੈ	Ras Rasiaa Hariaa Sadhaa Pakai Karam Dhhiaan ||	Watered with the Lord's Love, it remains forever green; through the karma of good deeds and meditation, it ripens.	(ਪਰਮਾਤਮਾ ਦੀ) ਬਖ਼ਸ਼ਸ਼ ਨਾਲ (ਪ੍ਰਭੂ-ਚਰਨਾਂ ਵਿਚ) ਧਿਆਨ ਜੋੜਿਆਂ ਇਹ (ਗਿਆਨ-ਫਲ) ਪੱਕਦਾ ਹੈ (ਭਾਵ, ਜੋ ਮਨੁੱਖ ਪ੍ਰਭੂ ਦੀ ਮਿਹਰ ਨਾਲ ਪ੍ਰਭੂ-ਚਰਨਾਂ ਵਿਚ ਸੁਰਤ ਜੋੜਦਾ ਹੈ ਉਸ ਨੂੰ ਪੂਰਨ ਗਿਆਨ ਪ੍ਰਾਪਤ ਹੁੰਦਾ ਹੈ)।
6103	147	ਪਤਿ ਕੇ ਸਾਦ ਖਾਦਾ ਲਹੈ ਦਾਨਾ ਕੈ ਸਿਰਿ ਦਾਨੁ॥੧॥	ਪਤਿ: ਪੋਲਾ ਬੋਲੋ। ਖਾਂਦਾ	Path Kae Saadh Khaadhaa Lehai Dhaanaa Kai Sir Dhaan ||1||	Honor is obtained by eating this tasty dish; of all gifts, this is the greatest gift. ||1||	(ਇਸ ਗਿਆਨ-ਫਲ ਨੂੰ) ਖਾਣ ਵਾਲਾ ਮਨੁੱਖ ਪ੍ਰਭੂ-ਮੇਲ ਦੇ ਆਨੰਦ ਮਾਣਦਾ ਹੈ, (ਮਨੁੱਖ ਲਈ ਪ੍ਰਭੂ-ਦਰ ਤੋਂ) ਇਹ ਸਭ ਤੋਂ ਵੱਡੀ ਬਖ਼ਸ਼ਸ਼ ਹੈ ॥੧॥

6104	147	ਮਃ ੧॥		Ma 1 ||	First Mehl:	
6105	147	ਸੁਇਨੇ ਕਾ ਬਿਰਖੁ ਪਤ ਪਰਵਾਲਾ ਫੁਲ ਜਵੇਹਰ ਲਾਲ॥	(ਪਰਵਾਲਾ) ਲਾਲ ਮੂੰਗਾ ਨਗ ਵਾ ਗੁੱਲੀਆਂ। ਪੱਤ। ਫੁੱਲ	Sueinae Kaa Birakh Path Paravaalaa Ful Javaehar Laal ||	The Guru is the tree of gold, with leaves of coral, and blossoms of jewels and rubies.	(ਗੁਰੂ, ਮਾਨੋ,) ਸੋਨੇ ਦਾ ਰੁੱਖ ਹੈ; ਮੋਂਗਾ (ਸ੍ਰੇਸ਼ਟ ਬਚਨ) ਉਸ ਦੇ ਪੱਤਰ ਹਨ, ਲਾਲ ਜਵਾਹਰ (ਗੁਰੂ-ਵਾਕ) ਉਸ ਦੇ ਫੁੱਲ ਹਨ।
6106	147	ਤਿਤੁ ਫਲ ਰਤਨ ਲਗਹਿ ਮੁਖਿ ਭਾਖਿਤ ਹਿਰਦੈ ਰਿਦੈ ਨਿਹਾਲੁ॥	(ਭਾਖਿਤ) ਉਚਾਰਨ ਨਾਲ	Thith Fal Rathan Lagehi Mukh Bhaakhith Hiradhai Ridhai Nihaal ||	The Words from His Mouth are fruits of jewels. Within His Heart, He beholds the Lord.	ਉਸ (ਗੁਰੂ) ਰੁੱਖ ਨੂੰ ਮੂੰਹੋਂ ਉਚਾਰੇ ਹੋਏ (ਸ੍ਰੇਸ਼ਟ ਬਚਨ-ਰੂਪ) ਫਲ ਲੱਗਦੇ ਹਨ, (ਗੁਰੂ) ਆਪਣੇ ਹਿਰਦੇ ਵਿਚ ਸਦਾ ਖਿੜਿਆ ਰਹਿੰਦਾ ਹੈ।
6107	147	ਨਾਨਕ ਕਰਮੁ ਹੋਵੈ ਮੁਖਿ ਮਸਤਕਿ ਲਿਖਿਆ ਹੋਵੈ ਲੇਖੁ॥		Naanak Karam Hovai Mukh Masathak Likhiaa Hovai Laekh ||	O Nanak, He is obtained by those, upon whose faces and foreheads such pre-recorded destiny is written.	ਹੇ ਨਾਨਕ! ਜਿਸ ਮਨੁੱਖ ਉੱਤੇ ਪ੍ਰਭੂ ਦੀ ਮਿਹਰ ਹੋਵੇ, ਜਿਸ ਦੇ ਮੂੰਹ ਮੱਥੇ ਤੇ ਭਾਗ ਹੋਵੇ,
6108	147	ਅਠਿਸਠਿ ਤੀਰਥ ਗੁਰ ਕੀ ਚਰਣੀ ਪੂਜੈ ਸਦਾ ਵਿਸੇਖੁ॥	(ਵਿਸੇਖੁ) ਵਿਸ਼ੇਸ਼ ਕਰਕੇ	Athisath Theerathh Gur Kee Charanee Poojai Sadhaa Visaekh ||	The sixty-eight sacred shrines of pilgrimage are contained in the constant worship of the feet of the Exalted Guru.	ਉਹ ਗੁਰੂ ਦੀ ਚਰਨੀਂ ਲੱਗ ਕੇ (ਗੁਰੂ ਦੇ ਚਰਨਾਂ ਨੂੰ) ਅਠਾਹਠ ਤੀਰਥਾਂ ਨਾਲੋਂ ਵਿਸ਼ੇਸ਼ ਜਾਣ ਕੇ (ਗੁਰੂ-ਚਰਨਾਂ ਨੂੰ) ਪੂਜਦਾ ਹੈ।

6109	147	ਹੰਸੁ ਹੇਤੁ ਲੋਭੁ ਕੋਪੁ ਚਾਰੇ ਨਦੀਆ ਅਗਿ॥	ਹੰਸੁ ਵਰਗੇ ਸੋਹਣੇ ਬਣ ਕੇ ਰਹਿਣਾ ਭਾਵ ਫੈਸ਼ਨ ਲਾਉਣਾ। ਕੋਪੁ ਗੁੱਸਾ। ਅੱਗਿ	Hans Haeth Lobh Kop Chaarae Nadheeaa Ag ||	Cruelty, material attachment, greed and anger are the four rivers of fire.	ਨਿਰਦਇਤਾ, ਮੋਹ, ਲੋਭ ਤੇ ਕ੍ਰੋਧ- ਇਹ ਚਾਰੇ ਅੱਗ ਦੀਆਂ ਨਦੀਆਂ (ਜਗਤ ਵਿਚ ਚੱਲ ਰਹੀਆਂ) ਹਨ,
6110	147	ਪਵਹਿ ਦਝਹਿ ਨਾਨਕਾ ਤਰੀਐ ਕਰਮੀ ਲਗਿ॥੨॥	(ਦੱਝਹਿ) ਸੜਦੇ। (ਕਰਮੀ) ਬਖ਼ਸ਼ਸ਼ ਨਾਲ	Pavehi Dhajhehi Naanakaa Thareeai Karamee Lag ||2||	Falling into them, one is burned, O Nanak! One is saved only by holding tight to good deeds. ||2||	ਜੋ ਜੋ ਮਨੁੱਖ ਇਹਨਾਂ ਨਦੀਆਂ ਵਿਚ ਵੜਦੇ ਹਨ ਸੜ ਜਾਂਦੇ ਹਨ, ਹੇ ਨਾਨਕ! ਪ੍ਰਭੂ ਦੀ ਮਿਹਰ ਨਾਲ (ਗੁਰੂ ਦੇ ਚਰਨੀਂ) ਲੱਗ ਕੇ (ਇਹਨਾਂ ਨਦੀਆਂ ਤੋਂ) ਪਾਰ ਲੰਘੀਦਾ ਹੈ ॥੨॥
6111	147	ਪਉੜੀ॥		Pourree ||	Pauree:	
6112	147	ਜੀਵਦਿਆ ਮਰੁ ਮਾਰਿ ਨ ਪਛੋਤਾਈਐ॥		Jeevadhiaa Mar Maar N Pashhothaaeeai ||	While you are alive, conquer death, and you shall have no regrets in the end.	(ਹੇ ਬੰਦੇ!) (ਇਸ ਤ੍ਰਿਸ਼ਨਾ ਨੂੰ) ਮਾਰ ਕੇ ਜੀਉਂਦਿਆਂ ਹੀ ਮਰ (ਤਾਕਿ ਅੰਤ ਨੂੰ) ਪਛੁਤਾਣਾ ਨਾ ਪਏ।
6113	147	ਝੂਠਾ ਇਹੁ ਸੰਸਾਰੁ ਕਿਨਿ ਸਮਝਾਈਐ॥		Jhoothaa Eihu Sansaar Kin Samajhaaeeai ||	This world is false, but only a few understand this.	ਕਿਸੇ ਵਿਰਲੇ ਨੂੰ ਸਮਝ ਆਈ ਹੈ, ਕਿ ਇਹ ਸੰਸਾਰ ਝੂਠਾ ਹੈ।
6114	147	ਸਚਿ ਨ ਧਰੇ ਪਿਆਰੁ ਧੰਧੈ ਧਾਈਐ॥		Sach N Dhharae Piaar Dhhandhhai Dhhaaeeai ||	People do not enshrine love for the Truth; they chase after worldly affairs instead.	(ਆਮ ਤੌਰ ਤੇ ਜੀਵ ਤ੍ਰਿਸ਼ਨਾ ਅਧੀਨ ਹੋ ਕੇ) ਜਗਤ ਦੇ ਧੰਧੇ ਵਿਚ ਭਟਕਦਾ ਫਿਰਦਾ ਹੈ ਤੇ ਸੱਚ ਵਿਚ ਪਿਆਰ ਨਹੀਂ ਪਾਂਦਾ।

6115	147	ਕਾਲੁ ਬੁਰਾ ਖੈ ਕਾਲੁ ਸਿਰਿ ਦੁਨੀਆਈਐ॥	(ਖੈ)ਨਾਸ ਕਰਨ ਵਾਲਾ ਕਾਲੁ। ਦੁਨੀ-ਆਈਐ	Kaal Buraa Khai Kaal Sir Dhuneeaaeeai ||	The terrible time of death and annihilation hovers over the heads of the world.	(ਇਹ ਗੱਲ ਚੇਤੇ ਨਹੀਂ ਰੱਖਦਾ ਕਿ) ਭੈੜਾ ਕਾਲ, ਨਾਸ ਕਰਨ ਵਾਲਾ ਕਾਲ ਦੁਨੀਆ ਦੇ ਸਿਰ ਤੇ (ਹਰ ਵੇਲੇ ਖੜਾ) ਹੈ।
6116	147	ਹੁਕਮੀ ਸਿਰਿ ਜੰਦਾਰੁ ਮਾਰੇ ਦਾਈਐ॥	(ਜੰਦਾਰੁ) ਜਮ। (ਦਾਈਐ) ਦਾਅ ਨਾਲ ਚਾਹ ਕੇ	Hukamee Sir Jandhaar Maarae Dhaaeeai ||	By the Hukam of the Lord's Command, the Messenger of Death smashes his club over their heads.	ਇਹ ਜਮ ਪ੍ਰਭੂ ਦੇ ਹੁਕਮ ਵਿਚ (ਹਰੇਕ ਦੇ) ਸਿਰ ਤੇ (ਮੌਜੂਦ) ਹੈ ਤੇ ਦਾਉ ਲਾ ਕੇ ਮਾਰਦਾ ਹੈ।
6117	147	ਆਪੇ ਦੇਇ ਪਿਆਰੁ ਮੰਨਿ ਵਸਾਈਐ॥		Aapae Dhaee Piaar Mann Vasaaeeai ||	The Lord Himself gives His Love, and enshrines it within their minds.	(ਜੀਵ ਦੇ ਕੀਹ ਵੱਸ?) ਪ੍ਰਭੂ ਆਪ ਹੀ ਆਪਣਾ ਪਿਆਰ ਬਖ਼ਸ਼ਦਾ ਹੈ (ਤੇ ਜੀਵ ਦੇ) ਮਨ ਵਿਚ (ਆਪਣਾ ਆਪ) ਵਸਾਂਦਾ ਹੈ।
6118	147	ਮੁਹਤੁ ਨ ਚਸਾ ਵਿਲੰਮੁ ਭਰੀਐ ਪਾਈਐ॥	(ਵਿਲੰਮੁ) ਦੇਰੀ	Muhath N Chasaa Vilanm Bhareeai Paaeeai ||	Not a moment or an instant's delay is permitted, when one's measure of life is full.	ਜਦੋਂ ਸੁਆਸ ਪੂਰੇ ਹੋ ਜਾਂਦੇ ਹਨ, ਪਲਕ-ਮਾਤ੍ਰ (ਇਥੇ) ਢਿੱਲ ਨਹੀਂ ਲਾਈ ਜਾ ਸਕਦੀ।
6119	147	ਗੁਰ ਪਰਸਾਦੀ ਬੁਝਿ ਸਚਿ ਸਮਾਈਐ॥੨੦॥		Gur Parasaadhee Bujh Sach Samaaeeai ||20||	By Guru's Grace, one comes to know the True One, and is absorbed into Him. ||20||	(ਇਹ ਗੱਲ) ਸਤਿਗੁਰੂ ਦੀ ਮਿਹਰ ਨਾਲ (ਕੋਈ ਵਿਰਲਾ ਬੰਦਾ) ਸਮਝ ਕੇ ਸੱਚ ਵਿਚ ਜੁੜਦਾ ਹੈ ॥੨੦॥
6120	147	ਸਲੋਕੁ ਮਃ ੧॥		Salok Ma 1 ||	Shalok, First Mehl:	

6121	147	ਤੁਮੀ ਤੁਮਾ ਵਿਸੁ ਅਕੁ ਧਤੂਰਾ ਨਿਮੁ ਫਲੁ॥	(ਤੁੰਮੀ) ਤੁੰਮਾ। ਵਿਸੁ: ਪੋਲਾ ਬੋਲੋ। ਅੱਕੁ। ਨਿੰਮੁ।	Thumee Thumaa Vis Ak Dhathooraa Nim Fal ||	Bitter melon, swallow-wort, thorn-apple and nim fruit	ਤੁੰਮੀ ਤੁੰਮਾ, ਜ਼ਹਿਰ, ਅੱਕ ਧਤੂਰਾ ਤੇ ਨਿੰਮ ਰੂਪ ਫਲ (ਆਦਿ ਕੁੜੱਤਣ ਵਾਲੇ ਪਦਾਰਥ)
6122	147	ਮਨਿ ਮੁਖਿ ਵਸਹਿ ਤਿਸੁ ਜਿਸੁ ਤੂੰ ਚਿਤਿ ਨ ਆਵਹੀ॥		Man Mukh Vasehi This Jis Thoon Chith N Aavehee ||	These bitter poisons lodge in the minds and mouths of those who do not remember You	(ਹੇ ਪ੍ਰਭੂ!) ਉਸ ਦੇ ਮਨ ਵਿਚ ਤੇ ਮੂੰਹ ਵਿਚ ਵੱਸ ਰਹੇ ਹਨ, ਜਿਸ ਮਨੁੱਖ ਦੇ ਚਿੱਤ ਵਿਚ ਤੂੰ ਨਹੀਂ ਵੱਸਦਾ। (ਭਾਵ, ਉਸ ਦੇ ਮਨ ਵਿਚ ਭੀ ਕੁੜੱਤਣ ਹੈ ਤੇ ਮੂੰਹੋਂ ਭੀ ਕੌੜੇ ਬਚਨ ਬੋਲਦਾ ਹੈ)।
6123	147	ਨਾਨਕ ਕਹੀਐ ਕਿਸੁ ਹੰਢਨਿ ਕਰਮਾ ਬਾਹਰੇ॥੧॥	(ਹੰਢਨਿ) ਭਟਕਦੇ ਫਿਰਦੇ	Naanak Keheeai Kis Handtan Karamaa Baaharae ||1||	O Nanak, how shall I tell them this? Without the karma of good deeds, they are only destroying themselves. ||1||	ਹੇ ਨਾਨਕ! ਐਸੇ ਬਦਨਸੀਬ ਬੰਦੇ ਭਟਕਦੇ ਫਿਰਦੇ ਹਨ, (ਪ੍ਰਭੂ ਤੋਂ ਬਿਨਾ ਹੋਰ) ਕਿਸ ਦੇ ਅੱਗੇ (ਇਹਨਾਂ ਦੀ ਵਿਥਿਆ) ਦੱਸੀਏ? (ਭਾਵ, ਪ੍ਰਭੂ ਆਪ ਹੀ ਇਹਨਾਂ ਦਾ ਇਹ ਰੋਗ ਦੂਰ ਕਰਨ ਵਾਲਾ ਹੈ) ॥੧॥
6124	147	ਮਃ ੧॥		Ma 1 ||	First Mehl:	
6125	147	ਮਤਿ ਪੰਖੇਰੂ ਕਿਰਤੁ ਸਾਥਿ ਕਬ ਉਤਮ ਕਬ ਨੀਚ॥	(ਪੰਖੇਰੂ) ਪੰਛੀ	Math Pankhaeroo Kirath Saathh Kab Outham Kab Neech ||	The intellect is a bird; on account of its actions, it is sometimes high, and sometimes low.	(ਮਨੁੱਖ ਦੀ) ਮਤਿ (ਮਾਨੋ, ਇਕ) ਪੰਛੀ ਹੈ, ਉਸ ਦੇ ਪਿਛਲੇ ਕੀਤੇ ਹੋਏ ਕੰਮਾਂ ਦੇ ਕਾਰਨ ਬਣਿਆ ਹੋਇਆ ਸੁਭਾਉ ਉਸ ਦੇ ਨਾਲ (ਸਾਥੀ) ਹੈ, (ਇਸ ਸੁਭਾਉ ਦੇ ਸੰਗ ਕਰ ਕੇ 'ਮਤਿ') ਕਦੇ ਚੰਗੀ ਹੈ ਕਦੇ ਨੀਵੀਂ;

6126	148	ਕਬ ਚੰਦਨਿ ਕਬ ਅਕਿ ਡਾਲਿ ਕਬ ਉਚੀ ਪਰੀਤਿ॥	ਅੱਕਿ	Kab Chandhan Kab Ak Ddaal Kab Ouchee Pareeth ||	Sometimes it is perched on the sandalwood tree, and sometimes it is on the branch of the poisonous swallow-wort. Sometimes, it soars through the heavens.	ਕਦੇ (ਇਹ ਮਤਿ-ਰੂਪ ਪੰਛੀ) ਚੰਦਨ (ਦੇ ਬੂਟੇ) ਤੇ (ਬੈਠਦਾ ਹੈ) ਕਦੇ ਅੱਕ ਦੀ ਡਾਲੀ ਉੱਤੇ, ਕਦੇ (ਇਸ ਦੇ ਅੰਦਰ) ਉੱਚੀ (ਪ੍ਰਭੂ ਚਰਨਾਂ ਦੀ) ਪ੍ਰੀਤ ਹੈ।
6127	148	ਨਾਨਕ ਹੁਕਮਿ ਚਲਾਈਐ ਸਾਹਿਬ ਲਗੀ ਰੀਤਿ॥੨॥	(ਰੀਤਿ) ਮਰਯਾਦਾ	Naanak Hukam Chalaaeeai Saahib Lagee Reeth ||2||	O Nanak, our Lord and Master leads us on, according to the Hukam of His Command; such is His Way. ||2||	(ਪਰ ਕਿਸੇ ਦੇ ਵੱਸ ਦੀ ਗੱਲ ਨਹੀਂ) ਮਾਲਕ ਦੀ (ਧੁਰੋਂ) ਰੀਤ ਤੁਰੀ ਆਉਂਦੀ ਹੈ, ਕਿ ਉਹ (ਸਭ ਜੀਵਾਂ ਨੂੰ ਆਪਣੇ) ਹੁਕਮ ਵਿਚ ਤੋਰ ਰਿਹਾ ਹੈ (ਭਾਵ, ਉਸ ਦੇ ਹੁਕਮ ਅਨੁਸਾਰ ਹੀ ਕੋਈ ਚੰਗੀ ਤੇ ਕੋਈ ਮੰਦੀ ਮਤਿ ਵਾਲਾ ਹੈ) ॥੨॥
6128	148	ਪਉੜੀ॥		Pourree ||	Pauree:	
6129	148	ਕੇਤੇ ਕਹਹਿ ਵਖਾਣ ਕਹਿ ਕਹਿ ਜਾਵਣਾ॥	(ਵਖਾਣ) ਕਥਨ	Kaethae Kehehi Vakhaan Kehi Kehi Jaavanaa ||	Some speak and expound, and while speaking and lecturing, they pass away.	ਬੇਅੰਤ ਜੀਵ (ਪਰਮਾਤਮਾ ਦੇ ਗੁਣਾਂ ਦਾ) ਬਿਆਨ ਕਰਦੇ ਆਏ ਹਨ ਤੇ ਬਿਆਨ ਕਰ ਕੇ (ਜਗਤ ਤੋਂ) ਚਲੇ ਗਏ ਹਨ।
6130	148	ਵੇਦ ਕਹਹਿ ਵਖਿਆਣ ਅੰਤੁ ਨ ਪਾਵਣਾ॥		Vaedh Kehehi Vakhiaan Anth N Paavanaa ||	The Vedas speak and expound on the Lord, but they do not know His limits.	ਵੇਦ (ਆਦਿਕ ਧਰਮ-ਪੁਸਤਕ ਵੀ ਉਸ ਦੇ ਗੁਣ) ਦੱਸਦੇ ਆਏ ਹਨ, (ਪਰ) ਕਿਸੇ ਨੇ ਉਸ ਦੇ ਗੁਣਾਂ ਦਾ ਅੰਤ ਨਹੀਂ ਪਾਇਆ।

6131	148	ਪੜਿਐ ਨਾਹੀ ਭੇਦੁ ਬੁਝਿਐ ਪਾਵਣਾ॥	ਪੜ੍ਹਿਐ। ਬੁੱਝਿਐ	Parriai Naahee Bhaedh Bujhiai Paavanaa ||	Not by studying, but through understanding, is the Lord's Mystery revealed.	(ਪੁਸਤਕਾਂ) ਪੜ੍ਹਨ ਨਾਲ (ਭੀ ਉਸ ਦਾ) ਭੇਤ ਨਹੀਂ ਪੈਂਦਾ। ਮਤਿ ਉੱਚੀ ਹੋਇਆਂ ਇਹ ਰਾਜ਼ ਸਮਝ ਵਿਚ ਆਉਂਦਾ ਹੈ (ਕਿ ਉਹ ਬੇਅੰਤ ਹੈ)।
6132	148	ਖਟੁ ਦਰਸਨ ਕੈ ਭੇਖਿ ਕਿਸੈ ਸਚਿ ਸਮਾਵਣਾ॥	ਜੋਗੀ ਜੰਗਮ ਸਰੇਵੜੇ ਸੰਨਿਆਸੀ ਬੋਧੀ ਤੇ ਬੈਰਾਗੀ, ਇਹ (ਖਟੁ) ਛੇ ਦਰਸਨ	Khatt Dharasan Kai Bhaekh Kisai Sach Samaavanaa ||	There are six pathways in the Shaastras, but how rare are those who merge in the True Lord through them.	ਛੇ ਭੇਖਾਂ ਵਾਲੇ ਸਾਧੂਆਂ ਦੇ ਬਾਹਰਲੇ ਲਿਬਾਸ ਰਾਹੀਂ ਭੀ ਕੋਈ ਸੱਚ ਵਿਚ ਨਹੀਂ ਜੁੜ ਸਕਿਆ।
6133	148	ਸਚਾ ਪੁਰਖੁ ਅਲਖੁ ਸਬਦਿ ਸੁਹਾਵਣਾ॥	ਅ-ਲਖੁ: ਪੋਲਾ ਬੋਲੋ	Sachaa Purakh Alakh Sabadh Suhaavanaa ||	The True Lord is Unknowable; through the Word of His Shabad, we are embellished.	ਉਹ ਸਦਾ-ਥਿਰ ਰਹਿਣ ਵਾਲਾ ਅਕਾਲ ਪੁਰਖ ਹੈ ਤਾਂ ਅਦ੍ਰਿਸ਼ਟ, (ਪਰ ਗੁਰ-) ਸ਼ਬਦ ਦੀ ਰਾਹੀਂ ਸੋਹਣਾ ਲੱਗਦਾ ਹੈ।
6134	148	ਮੰਨੇ ਨਾਉ ਬਿਸੰਖ ਦਰਗਹ ਪਾਵਣਾ॥	(ਬਿਸੰਖ) ਬੇਅੰਤ ਵਾਹਿਗੁਰੂ ਜੀ	Mannae Naao Bisankh Dharageh Paavanaa ||	One who believes in the Name of the Infinite Lord, attains the Court of the Lord.	ਜੋ ਮਨੁੱਖ ਬੇਅੰਤ ਪ੍ਰਭੂ ਦੇ 'ਨਾਮ' ਨੂੰ ਮੰਨਦਾ ਹੈ (ਭਾਵ ਜੋ ਨਾਮ ਵਿਚ ਜੁੜਦਾ ਹੈ), ਉਹ ਉਸ ਦੀ ਹਜ਼ੂਰੀ ਵਿਚ ਅੱਪੜਦਾ ਹੈ।
6135	148	ਖਾਲਕ ਕਉ ਆਦੇਸੁ ਢਾਢੀ ਗਾਵਣਾ॥		Khaalak Ko Aadhaes Dtaadtee Gaavanaa ||	I humbly bow to the Creator Lord; I am a minstrel singing His Praises.	ਉਹ ਮਾਲਕ-ਪ੍ਰਭੂ ਨੂੰ ਸਿਰ ਨਿਵਾਂਦਾ ਹੈ, ਢਾਢੀ ਬਣ ਕੇ ਉਸ ਦੇ ਗੁਣ ਗਾਉਂਦਾ ਹੈ।

6136	148	ਨਾਨਕ ਜੁਗੁ ਜੁਗੁ ਏਕੁ ਮੰਨਿ ਵਸਾਵਣਾ॥੨੧॥		Naanak Jug Jug Eaek Mann Vasaavanaa ||21||	Nanak enshrines the Lord within his mind. He is the One, throughout the ages. ||21||	ਤੇ, ਹੇ ਨਾਨਕ! ਹਰੇਕ ਜੁਗ ਵਿਚ ਮੌਜੂਦ ਰਹਿਣ ਵਾਲੇ ਇੱਕ ਪ੍ਰਭੂ ਨੂੰ ਆਪਣੇ ਮਨ ਵਿਚ ਵਸਾਂਦਾ ਹੈ ॥੨੧॥
6137	148	ਸਲੋਕੁ ਮਹਲਾ ੨॥		Salok Mehalaa 2 ||	Shalok, Second Mehl:	
6138	148	ਮੰਤ੍ਰੀ ਹੋਇ ਅਠੂਹਿਆ ਨਾਗੀ ਲਗੈ ਜਾਇ॥	(ਮੰਤ੍ਰੀ) ਮਾਂਦ੍ਰੀ, ਮੰਤ੍ਰ ਤਾਂ ਅਠੂਹਿਆਂ ਨੂੰ ਪਕੜਨ ਦਾ ਜਾਣਦਾ ਹੋਵੇ, ਪਰ ਨਾਗਾਂ ਨੂੰ ਪਕੜਨ ਲੱਗ ਜਾਏ। ਅਠੂਹਿਆਂ ਨੱਾਗੀਂ ਲੱਗੈ	Manthree Hoe Athoohiaa Naagee Lagai Jaae ||	Those who charm scorpions and handle snakes	ਅਠੂਹਿਆਂ ਦਾ ਮਾਂਦਰੀ ਹੋ ਕੇ (ਜੋ ਮਨੁੱਖ) ਸੱਪਾਂ ਨੂੰ ਜਾ ਹੱਥ ਪਾਂਦਾ ਹੈ,
6139	148	ਆਪਣ ਹਥੀ ਆਪਣੈ ਦੇ ਕੂਚਾ ਆਪੇ ਲਾਇ॥	ਅੱਗ ਦਾ (ਕੂਚਾ) ਲਾਂਬੂ। ਹੱਥੀਂ	Aapan Hathhee Aapanai Dhae Koochaa Aapae Laae ||	Only brand themselves with their own hands.	ਉਹ ਆਪਣੇ ਆਪ ਨੂੰ ਆਪਣੇ ਹੀ ਹੱਥਾਂ ਨਾਲ (ਮਾਨੋ,) ਚੁਆਤੀ ਲਾਂਦਾ ਹੈ।
6140	148	ਹੁਕਮੁ ਪਇਆ ਧੁਰਿ ਖਸਮ ਕਾ ਅਤੀ ਹੂ ਧਕਾ ਖਾਇ॥	ਅਤੀ: ਪੋਲਾ ਬੋਲੋ	Hukam Paeiaa Dhhur Khasam Kaa Athee Hoo Dhhakaa Khaae ||	By the pre-ordained Order of our Lord and Master, they are beaten badly, and struck down.	ਧੁਰੋਂ ਮਾਲਕ ਦਾ ਹੁਕਮ ਹੀ ਇਉਂ ਹੁੰਦਾ ਹੈ ਕਿ ਇਸ ਅੱਤ ਦੇ ਕਾਰਨ (ਭਾਵ, ਇਸ ਅੱਤ ਦੇ ਮੂਰਖਪੁਣੇ ਕਰ ਕੇ) ਉਸ ਨੂੰ ਧੱਕਾ ਵੱਜਦਾ ਹੈ।

6141	148	ਗੁਰਮੁਖ ਸਿਉ ਮਨਮੁਖੁ ਅੜੈ ਡੁਬੈ ਹਕਿ ਨਿਆਇ॥	(ਹਕਿ) ਸੱਚਾ। (ਨਿਆਇ) ਨਿਆਂ ਹੈ	Guramukh Sio Manamukh Arrai Ddubai Hak Niaae ||	If the self-willed manmukhs fight with the Gurmukh, they are condemned by the Lord, the True Judge.	ਮਨਮੁਖ ਮਨੁੱਖ ਗੁਰਮੁਖ ਨਾਲ ਖਹਿਬੜਦਾ ਹੈ (ਕਰਤਾਰ ਦੇ) ਸੱਚੇ ਨਿਆਂ ਅਨੁਸਾਰ ਉਹ (ਸੰਸਾਰ-ਸਮੁੰਦਰ ਵਿਚ) ਡੁੱਬਦਾ ਹੈ (ਭਾਵ, ਵਿਕਾਰਾਂ ਦੀਆਂ ਲਹਰਾਂ ਵਿਚ ਉਸ ਦੀ ਜ਼ਿੰਦਗੀ ਦੀ ਬੇੜੀ ਗ਼ਰਕ ਹੋ ਜਾਂਦੀ ਹੈ)।
6142	148	ਦੁਹਾ ਸਿਰਿਆ ਆਪੇ ਖਸਮੁ ਵੇਖੈ ਕਰਿ ਵਿਉਪਾਇ॥	(ਵਿਉ-ਪਾਇ) ਨਿਰਨਾ	Dhuhaa Siriaa Aapae Khasam Vaekhai Kar Vioupaae ||	He Himself is the Lord and Master of both worlds. He beholds all and makes the exact determination.	ਪਰ (ਕਿਸੇ ਨੂੰ ਦੋਸ਼ ਨਹੀਂ ਦਿੱਤਾ ਜਾ ਸਕਦਾ, ਕੀਹ ਗੁਰਮੁਖ ਤੇ ਕੀਹ ਮਨਮੁਖ) ਦੋਹੀਂ ਪਾਸੀਂ ਖਸਮ-ਪ੍ਰਭੂ ਆਪ (ਸਿਰ ਤੇ ਖਲੋਤਾ ਹੋਇਆ) ਹੈ, ਆਪ ਹੀ ਨਿਰਨਾ ਕਰ ਕੇ ਵੇਖ ਰਿਹਾ ਹੈ।
6143	148	ਨਾਨਕ ਏਵੈ ਜਾਣੀਐ ਸਭ ਕਿਛੁ ਤਿਸਹਿ ਰਜਾਇ॥੧॥		Naanak Eaevai Jaaneeai Sabh Kishh Thisehi Rajaae ||1||	O Nanak, know this well: everything is in accordance with His Will. ||1||	ਹੇ ਨਾਨਕ! (ਅਸਲ ਗੱਲ) ਇਉਂ ਹੀ ਸਮਝਣੀ ਚਾਹੀਦੀ ਹੈ ਕਿ ਹਰੇਕ ਕੰਮ ਉਸ ਦੀ ਰਜ਼ਾ ਵਿਚ ਹੋ ਰਿਹਾ ਹੈ ॥੧॥
6144	148	ਮਹਲਾ ੨॥		Mehalaa 2 ||	Second Mehl:	
6145	148	ਨਾਨਕ ਪਰਖੇ ਆਪ ਕਉ ਤਾ ਪਾਰਖੁ ਜਾਣੁ॥		Naanak Parakhae Aap Ko Thaa Paarakh Jaan ||	O Nanak, if someone judges himself, only then is he known as a real judge.	ਹੇ ਨਾਨਕ! (ਦੂਜਿਆਂ ਦੀ ਪੜਚੋਲ ਕਰਨ ਦੇ ਥਾਂ) ਜੇ ਮਨੁੱਖ ਆਪਣੇ ਆਪ ਨੂੰ ਪਰਖੇ, ਤਾਂ ਉਸ ਨੂੰ (ਅਸਲ) ਪਾਰਖੂ ਸਮਝੋ।

6146	148	ਰੋਗੁ ਦਾਰੂ ਦੋਵੈ ਬੁਝੈ ਤਾ ਵੈਦੁ ਸੁਜਾਣੁ॥	(ਸੁਜਾਣੁ) ਸਿਆਣਾ। ਬੁੱਝੈ	Rog Dhaaroo Dhovai Bujhai Thaa Vaidh Sujaan ||	If someone understands both the disease and the medicine, only then is he a wise physician.	(ਦੂਜਿਆਂ ਦੇ ਵਿਕਾਰ-ਰੂਪ ਰੋਗ ਲੱਭਣ ਦੇ ਥਾਂ) ਜੇ ਮਨੁੱਖ ਆਪਣਾ (ਆਤਮਕ) ਰੋਗ ਤੇ ਰੋਗ ਦਾ ਇਲਾਜ ਦੋਵੇਂ ਸਮਝ ਲਏ ਤਾਂ ਉਸ ਨੂੰ ਸਿਆਣਾ ਹਕੀਮ ਜਾਣ ਲਵੋ।
6147	148	ਵਾਟ ਨ ਕਰਈ ਮਾਮਲਾ ਜਾਣੈ ਮਿਹਮਾਣੁ॥	ਅਪਣੇ ਆਪ ਨੂੰ(ਮਿਹਮਾਣੁ) ਮੁਸਾਫ਼ਰ ਜਾਣੈ, ਜੀਵਨ ਰੂਪ (ਵਾਟ) ਰਸਤੇ ਚ , ਕਿਸੇ ਨਾਲ (ਮਾਮਲਾ) ਝਗੜਾ ਨ ਕਰੇ	Vaatt N Karee Maamalaa Jaanai Mihamaan ||	Do not involve yourself in idle business on the way; remember that you are only a guest here.	(ਇਹੋ ਜਿਹਾ 'ਸੁਜਾਣ ਵੈਦ') (ਜ਼ਿੰਦਗੀ ਦੇ) ਰਾਹ ਵਿਚ (ਹੋਰਨਾਂ ਨਾਲ) ਝੇੜੇ ਨਹੀਂ ਪਾ ਬੈਠਦਾ, ਉਹ (ਆਪਣੇ ਆਪ ਨੂੰ ਜਗਤ ਵਿਚ) ਮੁਸਾਫ਼ਿਰ ਜਾਣਦਾ ਹੈ।
6148	148	ਮੂਲੁ ਜਾਣਿ ਗਲਾ ਕਰੇ ਹਾਣਿ ਲਾਏ ਹਾਣੁ॥	(ਮੂਲੁ) ਮੁੱਢ ਸਰੂਪ ਵਾਹਿਗੁਰੂ ਜੀ। (ਹਾਣਿ) ਹਾਣੀ ਸਾਧਸੰਗਤ ਨਾਲ (ਹਾਣੁ) ਸੰਗਤ (ਲਾਏ) ਕਰੇ ਅਥਵਾ (ਹਾਣਿ) ਹਾਨੀ ਕਰਨ ਵਾਲੇ ਕਾਮਾਦਿਕ ਵੈਰੀਆਂ ਨੂੰ (ਹਾਣੁ) ਹਾਨੀ (ਲਾਏ) ਪਹੁੰਚਾਵੇ ਭਾਵ ਦੂਰ ਰਹੇ।	Mool Jaan Galaa Karae Haan Laaeae Haan ||	Speak with those who know the Primal Lord, and renounce your evil ways.	(ਆਪਣੇ) ਅਸਲੇ (ਪ੍ਰਭੂ) ਨਾਲ ਡੂੰਘੀ ਸਾਂਝ ਪਾ ਕੇ, ਜੋ ਭੀ ਗੱਲ ਕਰਦਾ ਹੈ ਆਪਣਾ ਸਮਾ ਸਤ-ਸੰਗੀਆਂ ਨਾਲ (ਮਿਲ ਕੇ) ਗੁਜ਼ਾਰਦਾ ਹੈ।

6149	148	ਲਬਿ ਨ ਚਲਈ ਸਚਿ ਰਹੈ ਸੋ ਵਿਸਟੁ ਪਰਵਾਣੁ॥	(ਵਿਸਟੁ) ਵਿਚੋਲਾ। ਲੱਬਿ ਚੱ-ਲਈ ਕ-ਰਈ	Lab N Chalee Sach Rehai So Visatt Paravaan ||	That virtuous person who does not walk in the way of greed, and who abides in Truth, is accepted and famous.	ਉਹ ਮਨੁੱਖ ਲੱਬ ਦੇ ਆਸਰੇ ਨਹੀਂ ਤੁਰਦਾ, ਸੱਚ ਵਿਚ ਟਿਕਿਆ ਰਹਿੰਦਾ ਹੈ (ਐਸਾ ਮਨੁੱਖ ਆਪ ਤਾਂ ਤੁਰਦਾ ਹੀ ਹੈ, ਹੋਰਨਾਂ ਲਈ ਭੀ) ਪਰਮਾਣੀਕ ਵਿਚੋਲਾ ਬਣ ਜਾਂਦਾ ਹੈ।
6150	148	ਸਰੁ ਸੰਧੇ ਆਗਾਸ ਕਉ ਕਿਉ ਪਹੁਚੈ ਬਾਣੁ॥	ਅਕਾਸ ਵੱਲ (ਸਰੁ) ਤੀਰ (ਸੰਧੇ) ਸਿੰਨ੍ਹੇ। (ਬਾਣੁ) ਤੀਰ	Sar Sandhhae Aagaas Ko Kio Pahuchai Baan ||	If an arrow is shot at the sky, how can it reach there?	(ਪਰ ਜੇ ਆਪ ਹੋਵੇ ਮਨਮੁਖ ਤੇ ਅੜੇ ਗੁਰਮੁਖਾਂ ਨਾਲ, ਉਹ ਇਉਂ ਹੀ ਹੈ ਜਿਵੇਂ ਆਕਾਸ਼ ਨੂੰ ਤੀਰ ਮਾਰਦਾ ਹੈ) ਜੋ ਮਨੁੱਖ ਆਕਾਸ਼ ਵਲ ਤੀਰ ਚਲਾਂਦਾ ਹੈ, (ਉਸ ਦਾ) ਤੀਰ ਕਿਵੇਂ (ਨਿਸ਼ਾਨੇ ਤੇ) ਅੱਪੜੇ?
6151	148	ਅਗੈ ਓਹੁ ਅਗੰਮੁ ਹੈ ਵਾਹੇਦੜੁ ਜਾਣੁ॥੨॥	(ਓਹੁ) ਅਕਾਸ। ਅ-ਗੰਮੁ ਸੋਗ ਰਹਿਤ, ਬੇਅੰਤ ਉੱਚੇ ਹਨ। (ਵਾਹੇਂਦੜੁ) ਤੀਰ ਵਾਹੁਣ ਵਾਲੇ ਨੂੰ ਲੱਗਦਾ ਹੈ	Agai Ouhu Aganm Hai Vaahaedharr Jaan ||2||	The sky above is unreachable-know this well, O archer! ||2||	ਉਹ ਆਕਾਸ਼ ਤਾਂ ਅੱਗੋਂ ਅਪਹੁੰਚ ਹੈ, ਸੋ, (ਯਕੀਨ) ਜਾਣੋ ਕਿ ਤੀਰ ਚਲਾਣ ਵਾਲਾ ਹੀ (ਵਿੰਨ੍ਹਿਆ ਜਾਂਦਾ ਹੈ) ॥੨॥
6152	148	ਪਉੜੀ॥		Pourree ||	Pauree:	
6153	148	ਨਾਰੀ ਪੁਰਖ ਪਿਆਰੁ ਪ੍ਰੇਮਿ ਸੀਗਾਰੀਆ॥	ਭਗਤ ਜਨ (ਨਾਰੀ) ਜੀਵ ਇਸਤ੍ਰੀਆਂ	Naaree Purakh Piaar Praem Seegaareeaa ||	The soul-bride loves her Husband Lord; she is embellished with His Love.	ਜਿਨ੍ਹਾਂ ਜੀਵ-ਇਸਤ੍ਰੀਆਂ ਦਾ ਪ੍ਰਭੂ-ਪਤੀ ਨਾਲ ਪਿਆਰ ਹੈ, ਉਹ ਇਸ ਪਿਆਰ (-ਰੂਪ ਗਹਣੇ ਨਾਲ) ਸਜੀਆਂ ਹੋਈਆਂ ਹਨ,

6154	148	ਕਰਨਿ ਭਗਤਿ ਦਿਨੁ ਰਾਤਿ ਨ ਰਹਨੀ ਵਾਰੀਆ॥	(ਵਾਰੀਆ) ਵਰਜੀਆਂ	Karan Bhagath Dhin Raath N Rehanee Vaareeaa ||	She worships Him day and night; she cannot be restrained from doing so.	ਉਹ ਦਿਨ ਰਾਤ (ਪ੍ਰਭੂ-ਪਤੀ ਦੀ) ਭਗਤੀ ਕਰਦੀਆਂ ਹਨ, ਵਰਜੀਆਂ (ਭੀ ਭਗਤੀ ਤੋਂ) ਹਟਦੀਆਂ ਨਹੀਂ ਹਨ।
6155	148	ਮਹਲਾ ਮੰਝਿ ਨਿਵਾਸੁ ਸਬਦਿ ਸਵਾਰੀਆ॥	(ਮੰਝਿ) ਅੰਦਰ	Mehalaa Manjh Nivaas Sabadh Savaareeaa ||	In the Mansion of the Lord's Presence, she has made her home; she is adorned with the Word of His Shabad.	ਸਤਿਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਸੁਧਰੀਆਂ ਹੋਈਆਂ ਉਹ (ਮਾਨੋ) ਮਹਲਾਂ ਵਿਚ ਵੱਸਦੀਆਂ ਹਨ।
6156	148	ਸਚੁ ਕਹਨਿ ਅਰਦਾਸਿ ਸੇ ਵੇਚਾਰੀਆ॥		Sach Kehan Aradhaas Sae Vaechaareeaa ||	She is humble, and she offers her true and sincere prayer.	ਉਹ ਵਿਚਾਰਵਾਨ (ਹੋ ਜਾਣ ਦੇ ਕਾਰਨ) ਸਦਾ-ਥਿਰ ਰਹਿਣ ਵਾਲੀ ਅਰਦਾਸ ਕਰਦੀਆਂ ਹਨ (ਭਾਵ, ਦੁਨੀਆ ਦੇ ਨਾਸਵੰਤ ਪਦਾਰਥ ਨਹੀਂ ਮੰਗਦੀਆਂ, ਸਦਾ-ਕਾਇਮ ਰਹਿਣ ਵਾਲਾ 'ਪਿਆਰ' ਹੀ ਮੰਗਦੀਆਂ ਹਨ)।
6157	148	ਸੋਹਨਿ ਖਸਮੈ ਪਾਸਿ ਹੁਕਮਿ ਸਿਧਾਰੀਆ॥	(ਸੋਹਨਿ) ਸੋਭਨੀਕ। (ਸਿਧਾਰੀਆ) ਪਹੁੰਚੀਆਂ	Sohan Khasamai Paas Hukam Sidhhaareeaa ||	She is beautiful in the Company of her Lord and Master; she walks in the Way of His Will.	(ਪਤੀ-ਪ੍ਰਭੂ ਦੇ) ਹੁਕਮ ਅਨੁਸਾਰ (ਪਤੀ-ਪ੍ਰਭੂ ਤਕ) ਅੱਪੜੀਆਂ ਹੋਈਆਂ ਉਹ ਖਸਮ-ਪ੍ਰਭੂ ਦੇ ਕੋਲ (ਬੈਠੀਆਂ) ਸੋਭਦੀਆਂ ਹਨ।
6158	148	ਸਖੀ ਕਹਨਿ ਅਰਦਾਸਿ ਮਨਹੁ ਪਿਆਰੀਆ॥		Sakhee Kehan Aradhaas Manahu Piaareeaa ||	With her dear friends, she offers her heart-felt prayers to her Beloved.	ਪ੍ਰਭੂ ਨੂੰ ਦਿਲੋਂ ਪਿਆਰ ਕਰਦੀਆਂ ਹਨ ਤੇ ਸਖੀ-ਭਾਵਨਾਂ ਨਾਲ ਉਸ ਅੱਗੇ ਅਰਦਾਸ ਕਰਦੀਆਂ ਹਨ।

6159	148	ਬਿਨੁ ਨਾਵੈ ਧ੍ਰਿਗੁ ਵਾਸੁ ਫਿਟੁ ਸੁ ਜੀਵਿਆ॥	(ਵਾਸੁ) ਵਸਣਾ	Bin Naavai Dhhrig Vaas Fitt S Jeeviaa ||	Cursed is that home, and shameful is that life, which is without the Name of the Lord.	(ਪਰ) ਉਹ ਜੀਊਣ ਫਿਟਕਾਰ-ਜੋਗ ਹੈ, ਉਸ ਵਸੇਬੇ ਨੂੰ ਲਾਹਨਤ ਹੈ ਜੋ ਨਾਮ ਤੋਂ ਸੱਖਣਾ ਹੈ।
6160	148	ਸਬਦਿ ਸਵਾਰੀ ਆਸੁ ਅੰਮ੍ਰਿਤੁ ਪੀਵਿਆ॥੨੨॥		Sabadh Savaareeaas Anmrith Peeviaa ||22||	But she who is adorned with the Word of His Shabad, drinks in the Amrit of His Nectar. ||22||	ਜਿਸ ਜੀਵ-ਇਸਤ੍ਰੀ ਨੂੰ (ਅਕਾਲ ਪੁਰਖ) ਨੇ ਗੁਰ-ਸ਼ਬਦ ਦੀ ਰਾਹੀਂ ਸੁਧਾਰਿਆ ਹੈ ਉਸ ਨੇ (ਨਾਮ-) ਅੰਮ੍ਰਿਤ ਪੀਤਾ ਹੈ ॥੨੨॥
6161	148	ਸਲੋਕੁ ਮਃ ੧॥		Salok Ma 1 ||	Shalok, First Mehl:	
6162	148	ਮਾਰੂ ਮੀਹਿ ਨ ਤ੍ਰਿਪਤਿਆ ਅਗੀ ਲਹੈ ਨ ਭੁਖ॥	(ਮਾਰੂ) ਮਾਰੂਥਲ। ਅੱਗੀ ਅੱਗ	Maaroo Meehi N Thripathiaa Agee Lehai N Bhukh ||	The desert is not satisfied by rain, and the fire is not quenched by desire.	ਰੇਤ-ਥਲਾ ਮੀਂਹ ਨਾਲ (ਕਦੇ) ਰੱਜਦਾ ਨਹੀਂ, ਅੱਗ ਦੀ (ਸਾੜਨ ਦੀ) ਭੁੱਖ (ਕਦੇ ਬਾਲਣ ਨਾਲ) ਨਹੀਂ ਮਿਟਦੀ।
6163	148	ਰਾਜਾ ਰਾਜਿ ਨ ਤ੍ਰਿਪਤਿਆ ਸਾਇਰ ਭਰੇ ਕਿਸੁਕ॥	(ਕਿਸੁ-ਕ) ਕਿਸੁ ਨੇ	Raajaa Raaj N Thripathiaa Saaeir Bharae Kisuk ||	The king is not satisfied with his kingdom, and the oceans are full, but still they thirst for more.	(ਕੋਈ) ਰਾਜਾ ਕਦੇ ਰਾਜ (ਕਰਨ) ਨਾਲ ਨਹੀਂ ਰੱਜਿਆ, ਭਰੇ ਸਮੁੰਦਰ ਨੂੰ ਸੁੱਕ ਕੀਹ ਆਖ ਸਕਦੀ ਹੈ? (ਭਾਵ, ਕਿਤਨੀ ਤਪਸ਼ ਪਈ ਪਵੇ, ਭਰੇ ਸਮੁੰਦਰਾਂ ਦੇ ਡੂੰਘੇ ਪਾਣੀਆਂ ਨੂੰ ਸੁੱਕ ਨਹੀਂ ਮੁਕਾ ਸਕਦੀ)।
6164	148	ਨਾਨਕ ਸਚੇ ਨਾਮ ਕੀ ਕੇਤੀ ਪੁਛਾ ਪੁਛ॥੧॥	ਕੇਤੀ ਪੁੱਛਾਂ ਪੁੱਛ	Naanak Sachae Naam Kee Kaethee Pushhaa Pushh ||1||	O Nanak, how many times must I seek and ask for the True Name? ||1||	(ਤਿਵੇਂ) ਹੇ ਨਾਨਕ! (ਨਾਮ ਜਪਣ ਵਾਲਿਆਂ ਦੇ ਅੰਦਰ) ਸੱਚੇ ਨਾਮ ਦੀ ਕਿਤਨੀ ਕੁ ਤਾਂਘ ਹੁੰਦੀ ਹੈ, - ਇਹ ਗੱਲ ਦੱਸੀ ਨਹੀਂ ਜਾ ਸਕਦੀ ॥੧॥

6165	148	ਮਹਲਾ ੨॥		Mehalaa 2 ||	Second Mehl:	
6166	148	ਨਿਹਫਲੰ ਤਸਿ ਜਨਮਸਿ ਜਾਵਤੁ ਬ੍ਰਹਮ ਨ ਬਿੰਦਤੇ॥	(ਨਿਹਫਲੰ) ਬਿਅਰਥ। (ਤੱਸਿ) ਤਿਸਦਾ (ਜਨਮੱਸਿ) ਜਨਮ। (ਜਾਵਤੁ) ਜਿਤਨਾ ਚਿਰ। (ਬਿੰਦਤੇ) ਜਾਣਿਆ	Nihafalan Thas Janamas Jaavath Breham N Bindhathae ||	Life is useless, as long as one does not know the Lord God.	ਜਦ ਤਕ (ਮਨੁੱਖ) ਅਕਾਲ ਪੁਰਖ ਨੂੰ ਨਹੀਂ ਪਛਾਣਦਾ ਤਦ ਤਕ ਉਸ ਦਾ ਜਨਮ ਵਿਅਰਥ ਹੈ।
6167	148	ਸਾਗਰੰ ਸੰਸਾਰਸਿ ਗੁਰ ਪਰਸਾਦੀ ਤਰਹਿ ਕੇ॥	(ਸੰਸਾਰੱਸਿ) ਸੰਸਾਰ (ਸਾਗਰੰ) ਸਮੁੰਦਰ	Saagaran Sansaaras Gur Parasaadhee Tharehi Kae ||	Only a few cross over the world-ocean, by Guru's Grace.	ਪਰ ਗੁਰੂ ਦੀ ਕਿਰਪਾ ਨਾਲ ਜੋ ਬੰਦੇ (ਨਾਮ ਵਿਚ ਜੁੜਦੇ ਹਨ ਉਹ) ਸੰਸਾਰ ਦੇ ਸਮੁੰਦਰ ਤੋਂ ਤਰ ਜਾਂਦੇ ਹਨ।
6168	148	ਕਰਣ ਕਾਰਣ ਸਮਰਥੁ ਹੈ ਕਹੁ ਨਾਨਕ ਬੀਚਾਰਿ॥	ਸਮਰੱਥੁ	Karan Kaaran Samarathh Hai Kahu Naanak Beechaar ||	The Lord is the All-powerful Cause of causes, says Nanak after deep deliberation.	ਹੇ ਨਾਨਕ! ਜੋ ਪ੍ਰਭੂ ਜਗਤ ਦਾ ਮੂਲ ਸਭ ਕੁਝ ਕਰਨ-ਜੋਗ ਹੈ, ਉਸ ਦਾ ਧਿਆਨ ਧਰ,
6169	148	ਕਾਰਣੁ ਕਰਤੇ ਵਸਿ ਹੈ ਜਿਨਿ ਕਲ ਰਖੀ ਧਾਰਿ॥੨॥	(ਕਲ) ਕਲਾ, ਸੱਤਿਆ। ਵੱਸਿ	Kaaran Karathae Vas Hai Jin Kal Rakhee Dhhaar ||2||	The creation is subject to the Creator, who sustains it by His Almighty Power. ||2||	ਜਿਸ ਕਰਤਾਰ ਦੇ ਵੱਸ ਜਗਤ ਦਾ ਬਨਾਣਾ ਹੈ ਅਤੇ ਜਿਸ ਨੇ (ਸਾਰੇ ਜਗਤ ਵਿਚ) ਆਪਣੀ ਸੱਤਿਆ ਟਿਕਾਈ ਹੋਈ ਹੈ ॥੨॥
6170	148	ਪਉੜੀ॥		Pourree ||	Pauree:	
6171	148	ਖਸਮੈ ਕੈ ਦਰਬਾਰਿ ਢਾਢੀ ਵਸਿਆ॥		Khasamai Kai Dharabaar Dtaadtee Vasiaa ||	In the Court of the Lord and Master, His minstrels dwell.	ਜੋ ਮਨੁੱਖ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ ਉਹ (ਸਦਾ) ਮਾਲਕ ਦੀ ਹਜ਼ੂਰੀ ਵਿਚ ਵੱਸਦਾ ਹੈ।

6172	148	ਸਚਾ ਖਸਮੁ ਕਲਾਣਿ ਕਮਲੁ ਵਿਗਸਿਆ॥	(ਕਲਾਣਿ) ਜਸ ਕਰਕੇ। ਵਿਗ-ਸਿਆ: ਪੋਲਾ ਬੋਲੋ	Sachaa Khasam Kalaan Kamal Vigasiaa ||	Singing the Praises of their True Lord and Master, the lotuses of their hearts have blossomed forth.	ਸਦਾ ਕਾਇਮ ਰਹਿਣ ਵਾਲੇ ਖਸਮ ਨੂੰ ਸਾਲਾਹ ਕੇ ਉਸ ਦਾ ਹਿਰਦਾ-ਕਉਲ ਖਿੜਿਆ ਰਹਿੰਦਾ ਹੈ।
6173	148	ਖਸਮਹੁ ਪੂਰਾ ਪਾਇ ਮਨਹੁ ਰਹਸਿਆ॥	(ਰਹ-ਸਿਆ) ਅਨੰਦਿਤ ਹੋਇਆ	Khasamahu Pooraa Paae Manahu Rehasiaa ||	Obtaining their Perfect Lord and Master, their minds are transfixed with ecstasy.	ਮਾਲਕ ਤੋਂ ਪੂਰਾ ਮਰਤਬਾ (ਭਾਵ, ਪੂਰਨ ਅਵਸਥਾ) ਹਾਸਲ ਕਰ ਕੇ ਉਹ ਅੰਦਰੋਂ ਹੁਲਾਸ ਵਿਚ ਆਉਂਦਾ ਹੈ,
6174	148	ਦੁਸਮਨ ਕਢੇ ਮਾਰਿ ਸਜਣ ਸਰਸਿਆ॥	(ਸਰ-ਸਿਆ) ਰਸ ਵਾਲੇ ਹੋਏ	Dhusaman Kadtae Maar Sajan Sarasiaa ||	Their enemies have been driven out and subdued, and their friends are very pleased.	(ਕਿਉਂਕਿ ਕਾਮਾਦਿਕ ਵਿਕਾਰ) ਵੈਰੀਆਂ ਨੂੰ ਉਹ (ਅੰਦਰੋਂ) ਮਾਰ ਕੇ ਕੱਢ ਦੇਂਦਾ ਹੈ (ਤਾਂ ਫਿਰ ਨਾਮ ਵਿਚ ਲੱਗੇ ਉਸ ਦੇ ਗਿਆਨ-ਇੰਦ੍ਰੇ-ਰੂਪ) ਮਿਤ੍ਰ ਟਹਿਕ ਪੈਂਦੇ ਹਨ।)
6175	148	ਸਚਾ ਸਤਿਗੁਰੁ ਸੇਵਨਿ ਸਚਾ ਮਾਰਗੁ ਦਸਿਆ॥	ਦੱਸਿਆ	Sachaa Sathigur Saevan Sachaa Maarag Dhasiaa ||	Those who serve the Truthful True Guru are shown the True Path.	(ਇਹ ਗਿਆਨ-ਇੰਦ੍ਰੇ) ਗੁਰੂ ਦੀ ਰਜ਼ਾ ਵਿਚ ਤੁਰਨ ਲੱਗ ਜਾਂਦੇ ਹਨ, ਸਤਿਗੁਰੂ ਇਹਨਾਂ ਨੂੰ (ਹੁਣ ਜੀਵਨ ਦਾ) ਸੱਚਾ ਰਾਹ ਵਿਖਾਲਦਾ ਹੈ।
6176	149	ਸਚਾ ਸਬਦੁ ਬੀਚਾਰਿ ਕਾਲੁ ਵਿਧਉਸਿਆ॥	(ਵਿਧਉ-ਸਿਆ) ਨਾਸ ਕੀਤਾ	Sachaa Sabadh Beechaar Kaal Vidhhousiaa ||	Reflecting on the True Word of the Shabad, death is overcome.	ਸਿਫ਼ਤ-ਸਾਲਾਹ ਕਰਨ ਵਾਲਾ ਮਨੁੱਖ ਸੱਚਾ ਗੁਰ-ਸ਼ਬਦ ਵੀਚਾਰ ਕੇ (ਆਤਮਕ) ਮੌਤ (ਦਾ ਡਰ) ਦੂਰ ਲੈਂਦਾ ਹੈ।

6177	149	ਢਾਢੀ ਕਥੇ ਅਕਥੁ ਸਬਦਿ ਸਵਾਰਿਆ॥	ਅ-ਕਥੁ: ਪੋਲਾ ਬੋਲੋ	Dtaadtee Kathhae Akathh Sabadh Savaariaa ||	Speaking the Unspoken Speech of the Lord, one is adorned with the Word of His Shabad.	ਗੁਰੂ ਸ਼ਬਦ ਦੀ ਬਰਕਤਿ ਨਾਲ ਸੁਧਰਿਆ ਹੋਇਆ ਢਾਢੀ ਅਕੱਥ ਪ੍ਰਭੂ ਦੇ ਗੁਣ ਗਾਉਂਦਾ ਹੈ।
6178	149	ਨਾਨਕ ਗੁਣ ਗਹਿ ਰਾਸਿ ਹਰਿ ਜੀਉ ਮਿਲੇ ਪਿਆਰਿਆ॥੨੩॥		Naanak Gun Gehi Raas Har Jeeo Milae Piaariaa ||23||	Nanak holds tight to the Treasure of Virtue, and meets with the Dear, Beloved Lord. ||23||	(ਇਸ ਤਰ੍ਹਾਂ), ਹੇ ਨਾਨਕ! ਪ੍ਰਭੂ ਦੇ ਗੁਣਾਂ ਦੀ ਪੂੰਜੀ ਇਕੱਠੀ ਕਰ ਕੇ ਪਿਆਰੇ ਪ੍ਰਭੂ ਨਾਲ ਮਿਲ ਜਾਂਦਾ ਹੈ ॥੨੩॥
6179	149	ਸਲੋਕੁ ਮਃ ੧॥		Salok Ma 1 ||	Shalok, First Mehl:	
6180	149	ਖਤਿਅਹੁ ਜੰਮੇ ਖਤੇ ਕਰ ਨਿਤ ਖਤਿਆ ਵਿਚਿ ਪਾਹਿ॥	(ਖਤੇ) ਗੁਨਾਹ। ਖਤਿਅਹੁ, ਖਤੇ, ਖਤਿਆ: ਪੋਲੇ ਬੋਲੋ	Khathiahu Janmae Khathae Karan Th Khathiaa Vich Paahi ||	Born because of the karma of their past mistakes, they make more mistakes, and fall into mistakes.	ਪਾਪਾਂ ਦੇ ਕਾਰਨ (ਜੋ ਜੀਵ) ਜੰਮਦੇ ਹਨ, (ਇਥੇ ਭੀ) ਪਾਪ ਕਰਦੇ ਹਨ ਤੇ (ਅਗਾਂਹ ਭੀ ਇਹਨਾਂ ਕੀਤੇ ਪਾਪਾਂ ਦੇ ਸੰਸਕਾਰਾਂ ਕਰਕੇ) ਪਾਪਾਂ ਵਿਚ ਹੀ ਪ੍ਰਵਿਰਤ ਹੁੰਦੇ ਹਨ।
6181	149	ਧੋਤੇ ਮੂਲਿ ਨ ਉਤਰਹਿ ਜੇ ਸਉ ਧੋਵਣ ਪਾਹਿ॥	ਉੱਤਰ-ਹਿ	Dhhothae Mool N Outharehi Jae So Dhhovan Paahi ||	By washing, their pollution is not removed, even though they may wash hundreds of times.	ਇਹ ਪਾਪ ਧੋਤਿਆਂ ਉੱਕਾ ਹੀ ਨਹੀਂ ਉਤਰਦੇ ਭਾਵੇਂ ਸੌ ਧੋਣ ਧੋਈਏ (ਭਾਵ, ਭਾਵੇਂ ਸੌ ਵਾਰੀ ਧੋਣ ਦਾ ਜਤਨ ਕਰੀਏ)।

6182	149	ਨਾਨਕ ਬਖਸੇ ਬਖਸੀਅਹਿ ਨਾਹਿ ਤ ਪਾਹੀ ਪਾਹਿ॥੧॥	(ਪਾਹੀ) ਜੁੱਤੀਆਂ (ਪਾਹਿ) ਪੈਂਦੀਆਂ	Naanak Bakhasae Bakhaseeahi Naahi Th Paahee Paahi ||1||	O Nanak, if God forgives, they are forgiven; otherwise, they are kicked and beaten. ||1||	ਹੇ ਨਾਨਕ! ਜੇ ਪ੍ਰਭੂ ਮਿਹਰ ਕਰੇ (ਤਾਂ ਇਹ ਪਾਪ) ਬਖ਼ਸ਼ੇ ਜਾਂਦੇ ਹਨ, ਨਹੀਂ ਤਾਂ ਜੁੱਤੀਆਂ ਹੀ ਪੈਂਦੀਆਂ ਹਨ ॥੧॥
6183	149	ਮਃ ੧॥		Ma 1 ||	First Mehl:	
6184	149	ਨਾਨਕ ਬੋਲਣੁ ਝਖਣਾ ਦੁਖ ਛਡਿ ਮੰਗੀਅਹਿ ਸੁਖ॥	(ਝਖਣਾ) ਬਿਅਰਥ। ਮੰਗੀਅਹਿ	Naanak Bolan Jhakhanaa Dhukh Shhadd Mangeeahi Sukh ||	O Nanak, it is absurd to ask to be spared from pain by begging for comfort.	ਹੇ ਨਾਨਕ! (ਇਹ ਜੋ) ਦੁਖ ਛੱਡ ਕੇ ਸੁਖ ਪਏ ਮੰਗਦੇ ਹਨ, ਅਜੇਹਾ ਬੋਲਣਾ ਸਿਰ ਖਪਾਈ ਹੀ ਹੈ।
6185	149	ਸੁਖੁ ਦੁਖੁ ਦੁਇ ਦਰਿ ਕਪੜੇ ਪਹਿਰਹਿ ਜਾਇ ਮਨੁਖ॥		Sukh Dhukh Dhue Dhar Kaparrae Pehirehi Jaae Manukh ||	Pleasure and pain are the two garments given, to be worn in the Court of the Lord.	ਸੁਖ ਤੇ ਦੁਖ ਦੋਵੇਂ ਪ੍ਰਭੂ ਦੇ ਦਰ ਤੋਂ ਕੱਪੜੇ ਮਿਲੇ ਹੋਏ ਹਨ ਜੋ, ਮਨੁੱਖ ਜਨਮ ਲੈ ਕੇ ਇਥੇ ਪਹਿਨਦੇ ਹਨ (ਭਾਵ, ਦੁੱਖਾਂ ਦੇ ਸੁਖਾਂ ਤੇ ਚੱਕਰ ਹਰੇਕ ਉੱਤੇ ਆਉਂਦੇ ਹੀ ਰਹਿੰਦੇ ਹਨ)।
6186	149	ਜਿਥੈ ਬੋਲਣਿ ਹਾਰੀਐ ਤਿਥੈ ਚੰਗੀ ਚੁਪ॥੨॥		Jithhai Bolan Haareeai Thithhai Changee Chup ||2||	Where you are bound to lose by speaking, there, you ought to remain silent. ||2||	ਸੋ ਜਿਸ ਦੇ ਸਾਹਮਣੇ ਇਤਰਾਜ਼ ਗਿਲਾ ਕੀਤਿਆਂ (ਅੰਤ) ਹਾਰ ਹੀ ਮੰਨਣੀ ਪੈਂਦੀ ਹੈ ਓਥੇ ਚੁੱਪ ਰਹਿਣਾ ਹੀ ਚੰਗਾ ਹੈ (ਭਾਵ ਰਜ਼ਾ ਵਿਚ ਤੁਰਨਾ ਸਭ ਤੋਂ ਚੰਗਾ ਹੈ) ॥੨॥
6187	149	ਪਉੜੀ॥		Pourree ||	Pauree:	

6188	149	ਚਾਰੇ ਕੁੰਡਾ ਦੇਖਿ ਅੰਦਰੁ ਭਾਲਿਆ॥		Chaarae Kunddaa Dhaekh Andhar Bhaaliaa ||	After looking around in the four directions, I looked within my own self.	ਜੋ ਮਨੁੱਖ ਚਾਰੇ ਤਰਫਾਂ ਵੇਖ ਕੇ (ਭਾਵ, ਬਾਹਰ ਚਵੀਂ ਪਾਸੀਂ ਭਟਕਣਾ ਛੱਡ ਕੇ) ਆਪਣਾ ਅੰਦਰ ਭਾਲਦਾ ਹੈ,
6189	149	ਸਚੈ ਪੁਰਖਿ ਅਲਖਿ ਸਿਰਜਿ ਨਿਹਾਲਿਆ॥		Sachai Purakh Alakh Siraj Nihaaliaa ||	There, I saw the True, Invisible Lord Creator.	(ਉਸ ਨੂੰ ਦਿੱਸ ਪੈਂਦਾ ਹੈ ਕਿ) ਸੱਚੇ ਅਲੱਖ ਅਕਾਲ ਪੁਰਖ ਨੇ (ਜਗਤ) ਪੈਦਾ ਕਰਕੇ ਆਪ ਹੀ ਉਸ ਦੀ ਸੰਭਾਲ ਕੀਤੀ ਹੈ (ਭਾਵ, ਸੰਭਾਲ ਕਰ ਰਿਹਾ ਹੈ)।
6190	149	ਉਝੜਿ ਭੁਲੇ ਰਾਹ ਗੁਰਿ ਵੇਖਾਲਿਆ॥	ਉੱਝੜਿ	Oujharr Bhulae Raah Gur Vaekhaaliaa ||	I was wandering in the wilderness, but now the Guru has shown me the Way.	ਕੁਰਾਹੇ ਭਟਕ ਰਹੇ ਮਨੁੱਖ ਨੂੰ ਗੁਰੂ ਨੇ ਰਸਤਾ ਦਿਖਾਇਆ ਹੈ (ਰਾਹ ਗੁਰੂ ਵਿਖਾਂਦਾ ਹੈ)।
6191	149	ਸਤਿਗੁਰ ਸਚੇ ਵਾਹੁ ਸਚੁ ਸਮਾਲਿਆ॥		Sathigur Sachae Vaahu Sach Samaaliaa ||	Hail to the True, True Guru, through whom we merge in the Truth.	ਸੱਚੇ ਸਤਿਗੁਰੂ ਨੂੰ ਸ਼ਾਬਾਸ਼ੇ ਹੈ (ਜਿਸ ਦੀ ਬਰਕਤਿ ਨਾਲ) ਸੱਚੇ ਪ੍ਰਭੂ ਨੂੰ ਸਿਮਰੀਦਾ ਹੈ।
6192	149	ਪਾਇਆ ਰਤਨੁ ਘਰਾਹੁ ਦੀਵਾ ਬਾਲਿਆ॥	ਸਰੀਰ ਰੂਪੀ (ਘਰਾਹੁ) ਘਰੋਂ ਹੀ। ਬੱਾਲਿਆ	Paaeiaa Rathan Gharaahu Dheevaa Baaliaa ||	I have found the jewel within the home of my own self; the lamp within has been lit.	(ਜਿਸ ਮਨੁੱਖ ਦੇ ਅੰਦਰ ਸਤਿਗੁਰੂ ਨੇ ਗਿਆਨ ਦਾ) ਦੀਵਾ ਜਗਾ ਦਿੱਤਾ ਹੈ, ਉਸ ਨੂੰ ਆਪਣੇ ਅੰਦਰੋਂ ਹੀ (ਨਾਮ-) ਰਤਨ ਲੱਭ ਪਿਆ ਹੈ।
6193	149	ਸਚੈ ਸਬਦਿ ਸਲਾਹਿ ਸੁਖੀਏ ਸਚਵਾਲਿਆ॥	(ਸੱਚ–ਵਾਲਿਆ) ਸੱਚ ਦੀ ਪ੍ਰਾਪਤੀ ਵਾਲੇ	Sachai Sabadh Salaahi Sukheeeae Sach Vaaliaa ||	Those who praise the True Word of the Shabad, abide in the peace of Truth.	(ਗੁਰੂ ਦੀ ਸ਼ਰਨ ਆ ਕੇ) ਸੱਚੇ ਸ਼ਬਦ ਦੀ ਰਾਹੀਂ ਪ੍ਰਭੂ ਦੀ ਸਿਫ਼ਤ-ਸਾਲਾਹ ਕਰ ਕੇ (ਮਨੁੱਖ) ਸੁਖੀ ਹੋ ਜਾਂਦੇ ਹਨ, ਖਸਮ ਵਾਲੇ ਹੋ ਜਾਂਦੇ ਹਨ।

6194	149	ਨਿਡਰਿਆ ਡਰੁ ਲਗਿ ਗਰਬਿ ਸਿ ਗਾਲਿਆ॥	ਨਿੱਡਰਿਆਂ	Niddariaa Ddar Lag Garab S Gaaliaa ||	But those who do not have the Fear of God, are overtaken by fear. They are destroyed by their own pride.	(ਪਰ) ਜਿਨ੍ਹਾਂ ਪ੍ਰਭੂ ਦਾ ਡਰ ਨਹੀਂ ਰੱਖਿਆ ਉਹਨਾਂ ਨੂੰ (ਹੋਰ) ਡਰ ਮਾਰਦਾ ਹੈ, ਉਹ ਅਹੰਕਾਰ ਵਿਚ ਪਏ ਗਲਦੇ ਹਨ।
6195	149	ਨਾਵਹੁ ਭੁਲਾ ਜਗੁ ਫਿਰੈ ਬੇਤਾਲਿਆ॥੨੪॥	(ਬੇਤੱਾਲਿਆ) ਬੇਤਾਲ ਭੂਤਨਿਆਂ ਵਾਂਗ	Naavahu Bhulaa Jag Firai Baethaaliaa ||24||	Having forgotten the Name, the world is roaming around like a wild demon. ||24||	ਪ੍ਰਭੂ ਦੇ ਨਾਮ ਤੋਂ ਭੁੱਲਾ ਹੋਇਆ ਜਗਤ ਬੇ-ਤਾਲ (ਬੇ ਥਵ੍ਹਾ) ਫਿਰਦਾ ਹੈ ॥੨੪॥
6196	149	ਸਲੋਕੁ ਮਃ ੩॥		Salok Ma 3 ||	Shalok, Third Mehl:	
6197	149	ਭੈ ਵਿਚਿ ਜੰਮੈ ਭੈ ਮਰੈ ਭੀ ਭਉ ਮਨ ਮਹਿ ਹੋਇ॥		Bhai Vich Janmai Bhai Marai Bhee Bho Man Mehi Hoe ||	In fear we are born, and in fear we die. Fear is always present in the mind.	ਜਗਤ ਸਹਮ ਵਿਚ ਜੰਮਦਾ ਹੈ, ਸਹਮ ਵਿਚ ਹੀ ਮਰਦਾ ਹੈ, ਸਦਾ ਹੀ ਸਹਮ ਇਸ ਦੇ ਮਨ ਵਿਚ ਟਿਕਿਆ ਰਹਿੰਦਾ ਹੈ।
6198	149	ਨਾਨਕ ਭੈ ਵਿਚਿ ਜੇ ਮਰੈ ਸਹਿਲਾ ਆਇਆ ਸੋਇ॥੧॥	(ਸਹਿਲਾ) ਸਫਲਾ	Naanak Bhai Vich Jae Marai Sehilaa Aaeiaa Soe ||1||	O Nanak, if one dies in the fear of God, his coming into the world is blessed and approved. ||1||	(ਪਰ) ਹੇ ਨਾਨਕ! ਜੋ ਮਨੁੱਖ ਪਰਮਾਤਮਾ ਦੇ ਡਰ ਵਿਚ ਆਪਾ-ਭਾਵ ਮਾਰਦਾ ਹੈ ਉਸ ਦਾ ਜੰਮਣਾ ਮੁਬਾਰਕ ਹੈ (ਜਗਤ ਦੀ ਮਮਤਾ ਮਨੁੱਖ ਦੇ ਅੰਦਰ ਸਹਮ ਪੈਦਾ ਕਰਦੀ ਹੈ, ਜਦੋਂ ਇਹ ਅਪਣੱਤ ਤੇ ਮਮਤਾ ਮੁੱਕ ਜਾਏ ਤਦੋਂ ਕਿਸੇ ਚੀਜ਼ ਦੇ ਖੁੱਸਣ ਦਾ ਸਹਮ ਨਹੀਂ ਰਹਿੰਦਾ) ॥੧॥
6199	149	ਮਃ ੩॥		Ma 3 ||	Third Mehl:	

6200	149	ਭੈ ਵਿਣੁ ਜੀਵੈ ਬਹੁਤੁ ਬਹੁਤੁ ਖੁਸੀਆ ਖੁਸੀ ਕਮਾਇ॥		Bhai Vin Jeevai Bahuth Bahuth Khuseeaa Khusee Kamaae ||	Without the fear of God, you may live very, very long, and savor the most enjoyable pleasures.	ਪਰਮਾਤਮਾ ਦਾ ਡਰ ਹਿਰਦੇ ਵਿਚ ਵਸਾਣ ਤੋਂ ਬਿਨਾ ਜੋ ਮਨੁੱਖ ਲੰਮੀ ਉਮਰ ਭੀ ਜੀਊਂਦਾ ਰਹੇ ਤੇ ਬੜੀਆਂ ਮੌਜਾਂ ਮਾਣਦਾ ਰਹੇ,
6201	149	ਨਾਨਕ ਭੈ ਵਿਣੁ ਜੇ ਮਰੈ ਮੁਹਿ ਕਾਲੈ ਉਠਿ ਜਾਇ॥੨॥		Naanak Bhai Vin Jae Marai Muhi Kaalai Outh Jaae ||2||	O Nanak, if you die without the fear of God, you will arise and depart with a blackened face. ||2||	ਤਾਂ ਭੀ, ਹੇ ਨਾਨਕ! ਜੇ ਪ੍ਰਭੂ ਦਾ ਡਰ ਹਿਰਦੇ ਵਿਚ ਵਸਾਉਣ ਤੋਂ ਬਿਨਾ ਹੀ ਮਰਦਾ ਹੈ ਤਾਂ ਮੁਕਾਲਖ ਖੱਟ ਕੇ ਹੀ ਇਥੋਂ ਜਾਂਦਾ ਹੈ ॥੨॥
6202	149	ਪਉੜੀ॥		Pourree ||	Pauree:	
6203	149	ਸਤਿਗੁਰੁ ਹੋਇ ਦਇਆਲੁ ਤ ਸਰਧਾ ਪੂਰੀਐ॥		Sathigur Hoe Dhaeiaal Th Saradhhaa Pooreeai ||	When the True Guru is merciful, then your desires will be fulfilled.	ਜਿਸ ਮਨੁੱਖ ਉੱਤੇ ਸਤਿਗੁਰੂ ਕਿਰਪਾ ਕਰੇ (ਉਸ ਦੇ ਅੰਦਰ ਪਰਮਾਤਮਾ ਉੱਤੇ) ਪੱਕਾ ਭਰੋਸਾ ਬੱਝ ਜਾਂਦਾ ਹੈ।
6204	149	ਸਤਿਗੁਰੁ ਹੋਇ ਦਇਆਲੁ ਨ ਕਬਹੂੰ ਝੂਰੀਐ॥	ਕਦੇ ਭੀ (ਨ) ਨਹੀਂ (ਝੂਰੀਐ) ਝੂਰੀਦਾ ਭਾਵ ਭਾਣਾ ਮੰਨ ਕੇ ਪ੍ਰਸੰਨ ਰਹੀਦਾ ਹੈ	Sathigur Hoe Dhaeiaal N Kabehoon Jhooreeai ||	When the True Guru is merciful, you will never grieve.	ਉਹ (ਕਿਸੇ ਦੁੱਖ-ਕਲੇਸ਼ ਦੇ ਆਉਣ ਤੇ) ਕਦੇ ਗਿਲਾ ਗੁਜ਼ਾਰੀ ਨਹੀਂ ਕਰਦਾ,
6205	149	ਸਤਿਗੁਰੁ ਹੋਇ ਦਇਆਲੁ ਤਾ ਦੁਖੁ ਨ ਜਾਣੀਐ॥		Sathigur Hoe Dhaeiaal Thaa Dhukh N Jaaneeai ||	When the True Guru is merciful, you will know no pain.	(ਕਿਉਂਕਿ) ਉਹ (ਕਿਸੇ ਆਏ ਦੁੱਖ ਨੂੰ) ਦੁੱਖ ਨਹੀਂ ਸਮਝਦਾ,

6206	149	ਸਤਿਗੁਰੁ ਹੋਇ ਦਇਆਲੁ ਤਾ ਹਰਿ ਰੰਗੁ ਮਾਣੀਐ॥		Sathigur Hoe Dhaeiaal Thaa Har Rang Maaneeai ||	When the True Guru is merciful, you will enjoy the Lord's Love.	ਸਦਾ ਪ੍ਰਭੂ ਦੇ ਮੇਲ ਦਾ ਆਨੰਦ ਮਾਣਦਾ ਹੈ।
6207	149	ਸਤਿਗੁਰੁ ਹੋਇ ਦਇਆਲੁ ਤਾ ਜਮ ਕਾ ਡਰੁ ਕੇਹਾ॥		Sathigur Hoe Dhaeiaal Thaa Jam Kaa Ddar Kaehaa ||	When the True Guru is merciful, then why should you fear death?	(ਦੁੱਖ ਕਲੇਸ਼ ਤਾਂ ਕਿਤੇ ਰਿਹਾ) ਉਸ ਨੂੰ ਜਮ ਦਾ ਭੀ ਡਰ ਨਹੀਂ ਰਹਿੰਦਾ।
6208	149	ਸਤਿਗੁਰੁ ਹੋਇ ਦਇਆਲੁ ਤਾ ਸਦ ਹੀ ਸੁਖੁ ਦੇਹਾ॥		Sathigur Hoe Dhaeiaal Thaa Sadh Hee Sukh Dhaehaa ||	When the True Guru is merciful, the body is always at peace.	(ਇਸ ਤਰ੍ਹਾਂ) ਉਸ ਦੇ ਸਰੀਰ ਨੂੰ ਸਦਾ ਸੁਖ ਰਹਿੰਦਾ ਹੈ।
6209	149	ਸਤਿਗੁਰੁ ਹੋਇ ਦਇਆਲੁ ਤਾ ਨਵ ਨਿਧਿ ਪਾਈਐ॥	(ਨਵ) ਨੌਂ (ਨਿਧਿ) ਨਿਧੀਆਂਵਾ ਨਾਮ ਦੀ ਅਤੋਟਤਾ ਅਜਪਾ ਜਾਪ ਰੂਪੀ (ਨਵ) ਨੌਂ (ਨਿਧਿ) ਨਿਧੀਆਂ	Sathigur Hoe Dhaeiaal Thaa Nav Nidhh Paaeeai ||	When the True Guru is merciful, the nine treasures are obtained.	ਜਿਸ ਉਤੇ ਗੁਰੂ ਦਇਆਵਾਨ ਹੋ ਜਾਏ ਉਸ ਨੂੰ (ਮਾਨੋ) ਜਗਤ ਦੇ ਨੌਂ ਹੀ ਖ਼ਜ਼ਾਨੇ ਮਿਲ ਪਏ ਹਨ,

6210	149	ਸਤਿਗੁਰੁ ਹੋਇ ਦਇਆਲੁ ਤ ਸਚਿ ਸਮਾਈਐ॥੨੫॥		Sathigur Hoe Dhaeiaal Th Sach Samaaeeai ||25||	When the True Guru is merciful, you shall be absorbed in the True Lord. ||25||	(ਕਿਉਂਕਿ) ਉਹ ਤਾਂ (ਖ਼ਜ਼ਾਨਿਆਂ ਦੇ ਮਾਲਕ) ਸੱਚੇ ਪ੍ਰਭੂ ਵਿਚ ਜੁੜਿਆ ਰਹਿੰਦਾ ਹੈ ॥੨੫॥
6211	149	ਸਲੋਕੁ ਮਃ ੧॥		Salok Ma 1 ||	Shalok, First Mehl:	
6212	149	ਸਿਰੁ ਖੋਹਾਇ ਪੀਅਹਿ ਮਲ ਵਾਣੀ ਜੂਠਾ ਮੰਗਿ ਮੰਗਿ ਖਾਹੀ॥	ਸਰੇਵੜਿਆਂ ਪ੍ਰਥਾਇ ਸ਼ਬਦ। ਸਿਰੁ ਦੇ ਕੇਸ (ਖੋਹਾਇ) ਪੁੱਟਾਉਂਦੇ। (ਮਲ)ਮੈਲ਼ ਵਾਲਾ (ਵਾਣੀ) ਪਾਣੀ	Sir Khohaae Peeahi Malavaanee Joothaa Mang Mang Khaahee ||	They pluck the hair out of their heads, and drink in filthy water; they beg endlessly and eat the garbage which others have thrown away.	(ਇਹ ਸਰੇਵੜੇ ਜੀਵ-ਹਿੰਸਾ ਦੇ ਵਹਿਮ ਵਿਚ) ਸਿਰ (ਦੇ ਵਾਲ) ਪੁਟਾ ਕੇ (ਕਿ ਕਿਤੇ ਜੂਆਂ ਨਾ ਪੈ ਜਾਣ) ਮੈਲਾ ਪਾਣੀ ਪੀਂਦੇ ਹਨ ਤੇ ਜੂਠੀ ਰੋਟੀ ਮੰਗ ਮੰਗ ਕੇ ਖਾਂਦੇ ਹਨ;
6213	149	ਫੋਲਿ ਫਦੀਹਤਿ ਮੁਹਿ ਲੈਨਿ ਭੜਾਸਾ ਪਾਣੀ ਦੇਖਿ ਸਗਾਹੀ॥	(ਫਦੀਹਤਿ) ਵਿਸ਼ਟਾ। (ਭੜਾਸਾ) ਗੰਦੀ ਹਵਾ ਦੀ ਭੜਾਸ। (ਸੰਗਾਹੀ) ਸੰਗਦੇ ਹਨ	Fol Fadheehath Muhi Lain Bharraasaa Paanee Dhaekh Sagaahee ||	They spread manure, they suck in rotting smells, and they are afraid of clean water.	(ਆਪਣੇ) ਪਖ਼ਾਨੇ ਨੂੰ ਫੋਲ ਕੇ ਮੂੰਹ ਵਿਚ (ਗੰਦੀ) ਹਵਾੜ ਲੈਂਦੇ ਹਨ ਤੇ ਪਾਣੀ ਵੇਖ ਕੇ (ਇਸ ਤੋਂ) ਸੰਗਦੇ ਹਨ (ਭਾਵ, ਪਾਣੀ ਨਹੀਂ ਵਰਤਦੇ)।
6214	149	ਭੇਡਾ ਵਾਗੀ ਸਿਰੁ ਖੋਹਾਇਨਿ ਭਰੀਅਨਿ ਹਥ ਸੁਆਹੀ॥	ਵਾਂਗੀ	Bhaeddaa Vaagee Sir Khohaaein Bhareean Hathh Suaahee ||	Their hands are smeared with ashes, and the hair on their heads is plucked out- they are like sheep!	ਭੇਡਾਂ ਵਾਂਗ ਸਿਰ (ਦੇ ਵਾਲ) ਪੁਟਾਂਦੇ ਹਨ, (ਵਾਲ ਪੁੱਟਣ ਵਾਲਿਆਂ ਦੇ) ਹੱਥ ਸੁਆਹ ਨਾਲ ਭਰੇ ਜਾਂਦੇ ਹਨ।

6215	149	ਮਾਊ ਪੀਊ ਕਿਰਤੁ ਗਵਾਇਨਿ ਟਬਰ ਰੋਵਨਿ ਧਾਹੀ॥	ਟੱਬਰ	Maaoo Peeoo Kirath Gavaaein Ttabar Rovan Dhhaahee ||	They have renounced the lifestyle of their mothers and fathers, and their families and relatives cry out in distress.	ਮਾਪਿਆਂ ਵਾਲਾ ਕੀਤਾ ਕੰਮ (ਭਾਵ, ਹੱਥੀਂ ਕਮਾਈ ਕਰ ਕੇ ਟੱਬਰ ਪਾਲਣ ਦਾ ਕੰਮ) ਛੱਡ ਬੈਠਦੇ ਹਨ (ਇਸ ਲਈ) ਇਹਨਾਂ ਦੇ ਟੱਬਰ ਢਾਹਾਂ ਮਾਰ ਮਾਰ ਰੋਂਦੇ ਹਨ।
6216	149	ਓਨਾ ਪਿੰਡੁ ਨ ਪਤਲਿ ਕਿਰਿਆ ਨ ਦੀਵਾ ਮੁਏ ਕਿਥਾਊ ਪਾਹੀ॥	ਪੱਤਲਿ	Ounaa Pindd N Pathal Kiriaa N Dheevaa Mueae Kithhaaoo Paahee ||	No one offers the rice dishes at their last rites, and no one lights the lamps for them. After their death, where will they be sent?	(ਇਹ ਲੋਕ ਤਾਂ ਇਉਂ ਗਵਾਇਆ, ਅੱਗੇ ਇਹਨਾਂ ਦੇ ਪਰਲੋਕ ਦਾ ਹਾਲ ਸੁਣੋ) ਨਾ ਤਾਂ ਹਿੰਦੂ-ਮਤ ਅਨੁਸਾਰ (ਮਰਨ ਪਿੱਛੋਂ) ਪਿੰਡ ਪੱਤਲ ਕਿਰਿਆ ਦੀਵਾ ਆਦਿਕ ਦੀ ਰਸਮ ਕਰਦੇ ਹਨ, ਮਰੇ ਹੋਏ ਪਤਾ ਨਹੀਂ ਕਿਥੇ ਜਾ ਪੈਂਦੇ ਹਨ (ਭਾਵ ਪਰਲੋਕ ਸਵਾਰਨ ਦਾ ਕੋਈ ਆਹਰ ਨਹੀਂ ਹੈ)।
6217	149	ਅਠਸਠਿ ਤੀਰਥ ਦੇਨਿ ਨ ਢੋਈ ਬ੍ਰਹਮਣ ਅੰਨੁ ਨ ਖਾਹੀ॥		Athasath Theerathh Dhaen N Dtoee Brehaman Ann N Khaahee ||	The sixty-eight sacred shrines of pilgrimage give them no place of protection, and no Brahmin will eat their food.	(ਹਿੰਦੂਆਂ ਦੇ) ਅਠਾਹਠ ਤੀਰਥ ਇਹਨਾਂ ਨੂੰ ਢੋਈ ਨਹੀਂ ਦੇਂਦੇ (ਭਾਵ ਹਿੰਦੂਆਂ ਵਾਂਗ ਤੀਰਥਾਂ ਤੇ ਭੀ ਨਹੀਂ ਜਾਂਦੇ), ਬ੍ਰਾਹਮਣ (ਇਹਨਾਂ ਦਾ) ਅੰਨ ਨਹੀਂ ਖਾਂਦੇ (ਭਾਵ ਬ੍ਰਾਹਮਣਾਂ ਦੀ ਭੀ ਸੇਵਾ ਨਹੀਂ ਕਰਦੇ)।
6218	149	ਸਦਾ ਕੁਚੀਲ ਰਹਹਿ ਦਿਨੁ ਰਾਤੀ ਮਥੈ ਟਿਕੇ ਨਾਹੀ॥	(ਕੁਚੀਲ) ਮੈਲ਼ੇ। ਮੱਥੇਟਿੱਕੇ	Sadhaa Kucheel Rehehi Dhin Raathee Mathhai Ttikae Naahee ||	They remain polluted forever, day and night; they do not apply the ceremonial tilak mark to their foreheads.	ਸਦਾ ਦਿਨ ਰਾਤ ਬੜੇ ਗੰਦੇ ਰਹਿੰਦੇ ਹਨ। ਮੱਥੇ ਉਤੇ ਤਿਲਕ ਨਹੀਂ ਲਾਉਂਦੇ (ਭਾਵ, ਨ੍ਹਾ ਧੋ ਕੇ ਸਰੀਰ ਨੂੰ ਸਾਫ਼-ਸੁਥਰਾ ਭੀ ਨਹੀਂ ਕਰਦੇ)।

6219	149	ਝੁੰਡੀ ਪਾਇ ਬਹਨਿ ਨਿਤਿ ਮਰਣੈ ਦੜਿ ਦੀਬਾਣਿ ਨ ਜਾਹੀ॥	(ਝੁੰਡੀ ਪਾਇ) ਸਿਰ ਤੇ ਕੱਪੜਾ ਪਾ ਕੇ ਦਿਲਗੀਰ ਹੋ ਬੈਠਣਾ	Jhunddee Paae Behan Nith Maranai Dharr Dheebaan N Jaahee ||	They sit together in silence, as if in mourning; they do not go to the Lord's Court.	ਸਦਾ ਧੌਣ ਸੁੱਟ ਕੇ ਬੈਠਦੇ ਹਨ ਜਿਵੇਂ ਕਿਸੇ ਦੇ ਮਰਨ ਦਾ ਸੋਗ ਕਰ ਰਹੇ ਹਨ (ਭਾਵ, ਇਹਨਾਂ ਦੇ ਅੰਦਰ ਕੋਈ ਆਤਮਕ ਹੁਲਾਰਾ ਭੀ ਨਹੀਂ ਹੈ)। ਕਿਸੇ ਸਤਸੰਗ ਆਦਿਕ ਵਿਚ ਭੀ ਕਦੇ ਨਹੀਂ ਜਾਂਦੇ।
6220	149	ਲਕੀ ਕਾਸੇ ਹਥੀ ਫੁੰਮਣ ਅਗੋ ਪਿਛੀ ਜਾਹੀ॥	ਹੱਥੀਂ, (ਫੁੰਮਣ) ਰੇਸ਼ਮ ਜਾਂ ਸੂਤ ਦਾ ਗੁੱਛਾ, ਧਰਤੀ ਤੋਂ ਜੀਵ ਹਟਾਉਣ ਲਈ ਝਾੜੂ ਵਾਂਗ ਧਰਤੀ ਤ੍ਹੇ ਫੇਰਦੇ। ਲੱਕੀਂ	Lakee Kaasae Hathhee Funman Ago Pishhee Jaahee ||	With their begging bowls hanging from their waists, and their fly-brushes in their hands, they walk along in single file.	ਲੱਕਾਂ ਨਾਲ ਪਿਆਲੇ ਬੱਧੇ ਹੋਏ ਹਨ, ਹੱਥਾਂ ਵਿਚ ਚਉਰੀਆਂ ਫੜੀਆਂ ਹੋਈਆਂ ਹਨ ਤੇ (ਜੀਵ-ਹਿੰਸਾ ਦੇ ਡਰ ਤੋਂ) ਇੱਕ ਕਤਾਰ ਵਿਚ ਤੁਰਦੇ ਹਨ।
6221	149	ਨਾ ਓਇ ਜੋਗੀ ਨਾ ਓਇ ਜੰਗਮ ਨਾ ਓਇ ਕਾਜੀ ਮੁੰਲਾ॥	(ਜੰਗਮ) ਸ਼ਿਵ ਉਪਾਸਕ ਜੋ ਟੱਲੀਆਂ ਵਜਾਉਂਦੇ ਮੰਗਦੇ ਹਨ	Naa Oue Jogee Naa Oue Jangam Naa Oue Kaajee Munlaa ||	They are not Yogis, and they are not Jangams, followers of Shiva. They are not Qazis or Mullahs.	ਨਾ ਇਹਨਾਂ ਦੀ ਜੋਗੀਆਂ ਵਾਲੀ ਰਹੁਰੀਤ, ਨਾ ਜੰਗਮਾਂ ਵਾਲੀ ਤੇ ਨਾ ਕਾਜ਼ੀ ਮੌਲਵੀਆਂ ਵਾਲੀ।

6222	150	ਦਯਿ ਵਿਗੋਏ ਫਿਰਹਿ ਵਿਗੁਤੇ ਫਿਟਾ ਵਤੈ ਗਲਾ॥	(ਦਯਿ) ਪ੍ਰਮਾਤਮਾ ਜੀ ਵੱਲੋਂ (ਵਿਗੋਏ) ਖੁੰਝੇ ਹੋਏ। (ਵਿਗੁੱਤੇ) ਖ਼ੁਆਰ ਹੋਏ। (ਫਿੱਟਾ) ਫਿੱਟਿਆ ਹੋਇਆ (ਵੱਤੈ) ਫਿਰਦਾ ਹੈ। ਗਲਾ:ਪੋਲਾ ਬੋਲੋ। (ਗਲਾ) ਟੋਲਾ। ਦ-ਯਿ: ਦ ਮੁਕਤਾ, ਯਿ ਸਿਹਾਰੀ ਸਹਿਤ, ਤਾਲੂ ਤੋਂ ਬੋਲੋ	Dhay Vigoeae Firehi Viguthae Fittaa Vathai Galaa ||	Ruined by the Merciful Lord, they wander around in disgrace, and their entire troop is contaminated.	ਰੱਬ ਵੱਲੋਂ (ਭੀ) ਖੁੰਝੇ ਹੋਏ ਭਟਕਦੇ ਹਨ (ਭਾਵ, ਪਰਮਾਤਮਾ ਦੀ ਬੰਦਗੀ ਵਿਚ ਭੀ ਇਹਨਾਂ ਦੀ ਕੋਈ ਸ਼ਰਧਾ ਨਹੀਂ) ਇਹ ਸਾਰਾ ਆਵਾ ਹੀ ਊਤਿਆ ਹੋਇਆ ਹੈ।
6223	150	ਜੀਆ ਮਾਰਿ ਜੀਵਾਲੇ ਸੋਈ ਅਵਰੁ ਨ ਕੋਈ ਰਖੈ॥		Jeeaa Maar Jeevaalae Soee Avar N Koee Rakhai ||	The Lord alone kills and restores to life; no one else can protect anyone from Him.	(ਇਹ ਵਿਚਾਰੇ ਨਹੀਂ ਸਮਝਦੇ ਕਿ) ਜੀਵਾਂ ਨੂੰ ਮਾਰਨ ਜੀਵਾਲਣ ਵਾਲਾ ਪ੍ਰਭੂ ਆਪ ਹੀ ਹੈ, ਪ੍ਰਭੂ ਤੋਂ ਬਿਨਾ ਕੋਈ ਹੋਰ ਇਹਨਾਂ ਨੂੰ (ਜੀਊਂਦਾ) ਰੱਖ ਨਹੀਂ ਸਕਦਾ।
6224	150	ਦਾਨਹੁ ਤੈ ਇਸਨਾਨਹੁ ਵੰਜੇ ਭਸੁ ਪਈ ਸਿਰਿ ਖੁਥੈ॥	(ਵੰਜੇ) ਵਾਂਝੇ, ਖੁੰਝੇ ਹੋਏ। ਭਸੁ: ਪੋਲਾ ਬੋਲੋ। (ਭਸੁ) ਸੁਆਹ। ਖੁੱਥੈ	Dhaanahu Thai Eisanaanahu Vanjae Bhas Pee Sir Khuthhai ||	They go without giving alms or any cleansing baths; their shaven heads become covered with dust.	(ਜੀਵ-ਹਿੰਸਾ ਦੇ ਵਹਿਣ ਵਿਚ ਪੈ ਕੇ, ਕਿਰਤ ਕਮਾਈ ਛੱਡ ਕੇ) ਇਹ ਦਾਨ ਅਤੇ ਇਸ਼ਨਾਨ ਤੋਂ ਵਾਂਜੇ ਹੋਏ ਹਨ, ਸੁਆਹ ਪਈ ਅਜਿਹੇ ਖੁੱਥੇ ਹੋਏ ਸਿਰ ਉੱਤੇ।

6225	150	ਪਾਣੀ ਵਿਚਹੁ ਰਤਨ ਉਪੰਨੇ ਮੇਰੁ ਕੀਆ ਮਾਧਾਣੀ॥	(ਉਪੰਨੇ) ਨਿੱਕਲੇ। (ਮੇਰੁ) ਸੁਮੇਰ ਪਰਬਤ	Paanee Vichahu Rathan Oupannae Maer Keeaa Maadhhaanee ||	The jewel emerged from the water, when the mountain of gold was used to churn it.	(ਇਹ ਲੋਕ ਸਾਫ਼ ਪਾਣੀ ਨਹੀਂ ਪੀਂਦੇ ਤੇ ਪਾਣੀ ਵਿਚ ਨ੍ਹਾਉਂਦੇ ਭੀ ਨਹੀਂ ਹਨ, ਇਹ ਗੱਲ ਨਹੀਂ ਸਮਝਦੇ ਕਿ ਜਦੋਂ ਦੇਵਤਿਆਂ ਨੇ) ਸੁਮੇਰ ਪਰਬਤ ਨੂੰ ਮਧਾਣੀ ਬਣਾ ਕੇ (ਸਮੁੰਦਰ ਰਿੜਕਿਆ ਦੀ) ਤਦੋਂ (ਪਾਣੀ ਵਿਚੋਂ) ਹੀ ਰਤਨ ਨਿਕਲੇ ਸਨ (ਭਾਵ, ਇਸ ਗੱਲ ਨੂੰ ਤਾਂ ਲੋਕ ਪੁਰਾਣੇ ਸਮਿਆਂ ਤੋਂ ਹੀ ਜਾਣਦੇ ਹਨ, ਕਿ ਪਾਣੀ ਵਿਚੋਂ ਬੇਅੰਤ ਕੀਮਤੀ ਪਦਾਰਥ ਨਿਕਲਦੇ ਹਨ ਜੋ ਮਨੁੱਖ ਦੇ ਕੰਮ ਆਉਂਦੇ ਹਨ, ਆਖ਼ਰ ਉਹ ਪਾਣੀ ਵਿਚ ਵੜਿਆਂ ਹੀ ਨਿਕਲਣਗੇ)।
6226	150	ਅਠਸਠਿ ਤੀਰਥ ਦੇਵੀ ਥਾਪੇ ਪੁਰਬੀ ਲਗੈ ਬਾਣੀ॥	(ਦੇਵੀਂ) ਦੇਵਤਿਆਂ ਨੇ। (ਪੁਰਬੀ) ਤਿਉਹਾਰਾਂ ਦੇ ਮੇਲੇ	Athasath Theerathh Dhaevee Thhaapae Purabee Lagai Baanee ||	The gods established the sixty-eight sacred shrines of pilgrimage, where the festivals are celebrated and hymns are chanted.	(ਪਾਣੀ ਦੀ ਬਰਕਤਿ ਨਾਲ ਹੀ) ਦੇਵਤਿਆ ਲਈ ਅਠਾਰਹ ਤੀਰਥ ਬਣਾਏ ਗਏ ਜਿੱਥੇ ਪੁਰਬ ਲੱਗਦੇ ਹਨ, ਕਥਾ-ਵਾਰਤਾ ਹੁੰਦੀ ਹੈ।
6227	150	ਨਾਇ ਨਿਵਾਜਾ ਨਾਤੈ ਪੂਜਾ ਨਾਵਨਿ ਸਦਾ ਸੁਜਾਣੀ॥	(ਨ੍ਹਾਤੈ) ਇਸ਼ਨਾਨਕਰਕੇ। (ਸੁਜਾਣੀ) ਸਿਆਣੇ, ਸੁਚੱਜੇ। ਨ੍ਹਾਇ, ਨ੍ਹਾਵਨਿ	Naae Nivaajaa Naathai Poojaa Naavan Sadhaa Sujaanee ||	After bathing, the Muslims recite their prayers, and after bathing, the Hindus perform their worship services. The wise always take cleansing baths.	ਨ੍ਹਾ ਕੇ ਹੀ ਨਮਾਜ਼ ਪੜ੍ਹੀਦੀ ਹੈ। ਨ੍ਹਾ ਕੇ ਹੀ ਪੂਜਾ ਹੁੰਦੀ ਹੈ। ਸੁਚੱਜੇ ਬੰਦੇ ਨਿੱਤ ਇਸ਼ਨਾਨ ਕਰਦੇ ਹਨ।

6228	150	ਮੁਇਆ ਜੀਵਦਿਆ ਗਤਿ ਹੋਵੈ ਜਾਂ ਸਿਰਿ ਪਾਈਐ ਪਾਣੀ॥	(ਗਤਿ) ਪਵਿੱਤ੍ਰਤਾ	Mueiaa Jeevadhiaa Gath Hovai Jaan Sir Paaeeai Paanee ||	At the time of death, and at the time of birth, they are purified, when water is poured on their heads.	ਸਾਰੀ ਉਮਰ ਹੀ ਮਨੁੱਖ ਦੀ ਸੁਅੱਛ ਹਾਲਤ ਤਾਂ ਹੀ ਰਹਿ ਸਕਦੀ ਹੈ, ਜੇ ਇਸ਼ਨਾਨ ਕਰੇ।
6229	150	ਨਾਨਕ ਸਿਰਖੁਥੇ ਸੈਤਾਨੀ ਏਨਾ ਗਲ ਨ ਭਾਣੀ॥	ਸਿਰਖੁੱਥੇ ਗੱਲ	Naanak Sirakhuthhae Saithaanee Eaenaa Gal N Bhaanee ||	O Nanak, the shaven-headed ones are devils. They are not pleased to hear these words.	ਪਰ ਹੇ ਨਾਨਕ! ਇਹ ਸਿਰ-ਖੁੱਥੇ ਅਜਿਹੇ ਉਲਟੇ ਰਾਹ ਪਏ ਹਨ (ਅਜਿਹੇ ਸ਼ੈਤਾਨ ਹਨ) ਕਿ ਇਹਨਾਂ ਨੂੰ ਇਸ਼ਨਾਨ ਵਾਲੀ ਗੱਲ ਚੰਗੀ ਨਹੀਂ ਲੱਗੀ।
6230	150	ਵੁਠੈ ਹੋਇਐ ਹੋਇ ਬਿਲਾਵਲੁ ਜੀਆ ਜੁਗਤਿ ਸਮਾਣੀ॥	(ਵੁੱਠੈ) ਵਰਖਾ ਹੋਣ ਤੋਂ। (ਬਿਲਾਵਲੁ) ਅਨੰਦ	Vuthai Hoeiai Hoe Bilaaval Jeeaa Jugath Samaanee ||	When it rains, there is happiness. Water is the key to all life.	(ਪਾਣੀ ਦੀਆਂ ਹੋਰ ਬਰਕਤਾਂ ਤੱਕੋ) ਮੀਂਹ ਪਿਆਂ (ਸਭ ਜੀਵਾਂ ਦੇ ਅੰਦਰ) ਖ਼ੁਸ਼ੀ ਪੈਦਾ ਹੁੰਦੀ ਹੈ। ਜੀਵਾਂ ਦੀ ਜੀਵਨ ਜੁਗਤਿ ਹੀ (ਪਾਣੀ ਵਿਚ) ਟਿਕੀ ਹੋਈ ਹੈ।
6231	150	ਵੁਠੈ ਅੰਨੁ ਕਮਾਦੁ ਕਪਾਹਾ ਸਭਸੈ ਪੜਦਾ ਹੋਵੈ॥	ਵੁੱਠੈ	Vuthai Ann Kamaadh Kapaahaa Sabhasai Parradhaa Hovai ||	When it rains, the corn grows, and the sugar cane, and the cotton, which provides clothing for all.	ਮੀਂਹ ਪਿਆਂ ਅੰਨ ਪੈਦਾ ਹੁੰਦਾ ਹੈ, ਕਮਾਦ ਉੱਗਦਾ ਹੈ, ਕਪਾਹ ਹੁੰਦੀ ਹੈ, ਜੋ ਸਭਨਾਂ ਦਾ ਪੜਦਾ ਬਣਦੀ ਹੈ।
6232	150	ਵੁਠੈ ਘਾਹੁ ਚਰਹਿ ਨਿਤਿ ਸੁਰਹੀ ਸਾ ਧਨ ਦਹੀ ਵਿਲੋਵੈ॥	(ਸੁਰਹੀ) ਗਊਆਂ। (ਧਨ) ਇਸਤ੍ਰੀ। (ਵਿਲੋਵੈ) ਰਿੜਕਦੀ ਹੈ, ਦਹੀਂ	Vuthai Ghaahu Charehi Nith Surehee Saa Dhhan Dhehee Vilovai ||	When it rains, the cows always have grass to graze upon, and housewives can churn the milk into butter.	ਮੀਂਹ ਪਿਆਂ (ਉੱਗਿਆ) ਘਾਹ ਗਾਈਆਂ ਚੁਗਦੀਆਂ ਹਨ (ਤੇ ਦੁੱਧ ਦੇਂਦੀਆਂ ਹਨ, ਉਸ ਦੁੱਧ ਤੋਂ ਬਣਿਆ) ਦਹੀਂ ਘਰ ਦੀ ਜ਼ਨਾਨੀ ਰਿੜਕਦੀ ਹੈ (ਤੇ ਘਿਉ ਬਣਾਂਦੀ ਹੈ)।

6233	150	ਤਿਤੁ ਘਿਇ ਹੋਮ ਜਗ ਸਦ ਪੂਜਾ ਪਇਐ ਕਾਰਜੁ ਸੋਹੈ॥	(ਸੋਹੈ) ਸੋਭਦਾ। ਘਿ–ਇ ਜੱਗ	Thith Ghie Hom Jag Sadh Poojaa Paeiai Kaaraj Sohai ||	With that ghee, sacred feasts and worship services are performed; all these efforts are blessed.	ਉਸ ਘਿਉ ਨਾਲ ਹੀ ਸਦਾ ਹੋਮ-ਜੱਗ ਪੂਜਾ ਆਦਿਕ ਹੁੰਦੇ ਹਨ, ਇਹ ਘਿਉ ਪਿਆਂ ਹੀ ਹਰੇਕ ਕਾਰਜ ਸੋਭਦਾ ਹੈ।
6234	150	ਗੁਰੂ ਸਮੁੰਦੁ ਨਦੀ ਸਭਿ ਸਿਖੀ ਨਾਤੈ ਜਿਤੁ ਵਡਿਆਈ॥	(ਨ੍ਹਾਤੈ) ਇਸ਼ਨਾਨ ਕਰਕੇ। ਸਿੱਖੀ	Guroo Samundh Nadhee Sabh Sikhee Naathai Jith Vaddiaaee ||	The Guru is the ocean, and all His Teachings are the river. Bathing within it, glorious greatness is obtained.	(ਇਕ ਹੋਰ ਇਸ਼ਨਾਨ ਭੀ ਹੈ) ਸਤਿਗੁਰੂ (ਮਾਨੋ) ਸਮੁੰਦਰ ਹੈ ਉਸ ਦੀ ਸਿੱਖਿਆ (ਮਾਨੋ) ਸਾਰੀਆਂ ਨਦੀਆਂ ਹਨ, (ਇਸ ਗੁਰ-ਸਿੱਖਿਆ) ਵਿਚ ਨ੍ਹਾਉਣ ਨਾਲ (ਭਾਵ, ਸੁਰਤ ਜੋੜਨ ਨਾਲ) ਵਡਿਆਈ ਮਿਲਦੀ ਹੈ।
6235	150	ਨਾਨਕ ਜੇ ਸਿਰਖੁਥੇ ਨਾਵਨਿ ਨਾਹੀ ਤਾ ਸਤ ਚਟੇ ਸਿਰਿ ਛਾਈ॥੧॥	(ਸਿਰਖੁੱਥੇ) ਜੈਨੀ ਸਰੇਵੜੇ। (ਸੱਤ) ਸੌ। (ਚੱਟੇ) ਬੁੱਕ। (ਛਾਈ) ਸੁਆਹ। ਨ੍ਹਾਵਨਿ	Naanak Jae Sirakhuthhae Naavan Naahee Thaa Sath Chattae Sir Shhaaee ||1||	O Nanak, if the shaven-headed ones do not bathe, then seven handfuls of ashes are upon their heads. ||1||	ਹੇ ਨਾਨਕ! ਜੇ ਇਹ ਸਿਰ-ਖੁੱਥੇ (ਇਸ 'ਨਾਮ'-ਜਲ ਵਿਚ) ਇਸ਼ਨਾਨ ਨਹੀਂ ਕਰਦੇ, ਤਾਂ ਨਿਰੀ ਮੁਕਾਲਖ ਹੀ ਖੱਟਦੇ ਹਨ ॥੧॥
6236	150	ਮਃ ੨॥		Ma 2 ||	Second Mehl:	
6237	150	ਅਗੀ ਪਾਲਾ ਕਿ ਕਰੇ ਸੂਰਜ ਕੇਹੀ ਰਾਤਿ॥	(ਅੱਗੀ)ਅੱਗ	Agee Paalaa K Karae Sooraj Kaehee Raath ||	What can the cold do to the fire? How can the night affect the sun?	ਅੱਗ ਨੂੰ ਪਾਲਾ ਕੀਹ ਕਰ ਸਕਦਾ ਹੈ? (ਭਾਵ, ਪਾਲਾ ਅੱਗ ਦਾ ਕੋਈ ਵਿਗਾੜ ਨਹੀਂ ਕਰ ਸਕਦਾ) ਰਾਤ ਸੂਰਜ ਦਾ ਕੋਈ ਵਿਗਾੜ ਨਹੀਂ ਕਰ ਸਕਦੀ,

6238	150	ਚੰਦ ਅਨੇਰਾ ਕਿ ਕਰੇ ਪਉਣ ਪਾਣੀ ਕਿਆ ਜਾਤਿ॥	ਅਨ੍ਹੇਰਾ	Chandh Anaeraa K Karae Poun Paanee Kiaa Jaath ||	What can the darkness do to the moon? What can social status do to air and water?	ਹਨੇਰਾ ਚੰਦ੍ਰਮਾ ਦਾ ਕੋਈ ਨੁਕਸਾਨ ਨਹੀਂ ਕਰ ਸਕਦਾ, (ਕੋਈ ਉੱਚੀ ਨੀਵੀਂ) ਜਾਤਿ ਹਵਾ ਤੇ ਪਾਣੀ ਨੂੰ ਵਿਗਾੜ ਨਹੀਂ ਸਕਦੀ (ਭਾਵ, ਕੋਈ ਨੀਵੀਂ ਜਾਤਿ ਇਹਨਾਂ ਤੱਤਾਂ ਨੂੰ ਭਿੱਟ ਨਹੀਂ ਸਕਦੀ)।
6239	150	ਧਰਤੀ ਚੀਜੀ ਕਿ ਕਰੇ ਜਿਸੁ ਵਿਚਿ ਸਭੁ ਕਿਛੁ ਹੋਇ॥	(ਚੀਜੀ) ਚੀਜ਼ਾਂ, ਪਦਾਰਥ	Dhharathee Cheejee K Karae Jis Vich Sabh Kishh Hoe ||	What are personal possessions to the earth, from which all things are produced?	ਜਿਸ ਧਰਤੀ ਵਿਚ ਹਰੇਕ ਚੀਜ਼ ਪੈਦਾ ਹੁੰਦੀ ਹੈ, ਇਹ ਚੀਜ਼ਾਂ ਇਸ ਧਰਤੀ ਦਾ ਕੋਈ ਵਿਗਾੜ ਨਹੀਂ ਕਰ ਸਕਦੀਆਂ (ਇਹ ਤਾਂ ਪੈਦਾ ਹੀ ਧਰਤੀ ਵਿਚੋਂ ਹੋਈਆਂ ਹਨ।)
6240	150	ਨਾਨਕ ਤਾ ਪਤਿ ਜਾਣੀਐ ਜਾ ਪਤਿ ਰਖੈ ਸੋਇ॥੨॥	ਪਤਿ: ਪੋਲਾ ਬੋਲੋ	Naanak Thaa Path Jaaneeai Jaa Path Rakhai Soe ||2||	O Nanak, he alone is known as honorable, whose honor the Lord preserves. ||2||	(ਇਸੇ ਤਰ੍ਹਾਂ) ਹੇ ਨਾਨਕ! ਉਹੀ ਇੱਜ਼ਤ (ਅਸਲੀ) ਸਮਝੋ (ਭਾਵ, ਸਿਰਫ ਉਸੇ ਇੱਜ਼ਤ ਨੂੰ ਕੋਈ ਵਿਗਾੜ ਨਹੀਂ ਸਕਦਾ) ਜੋ ਇੱਜ਼ਤ ਪ੍ਰਭੂ ਵੱਲੋਂ ਮਿਲੀ ਹੈ (ਪ੍ਰਭੂ-ਦਰ ਤੋਂ ਜੋ ਆਦਰ ਮਿਲੇ ਉਸ ਨੂੰ ਕੋਈ ਜੀਵ ਵਿਗਾੜ ਨਹੀਂ ਸਕਦਾ, ਇਸ ਦਰਗਾਹੀ ਆਦਰ ਲਈ ਉੱਦਮ ਕਰੋ) ॥੨॥
6241	150	ਪਉੜੀ॥	(ਸੁਬਹਾਨੁ) ਅਸਚਰਜ ਸਰੂਪ। (ਕਲਾਣਿਆ) ਜਸ ਗਾਇਆ	Pourree ||	Pauree:	

6242	150	ਤੁਧੁ ਸਚੇ ਸੁਬਹਾਨੁ ਸਦਾ ਕਲਾਣਿਆ॥		Thudhh Sachae Subehaan Sadhaa Kalaaniaa ||	It is of You, O my True and Wondrous Lord, that I sing forever.	ਹੇ ਸੱਚੇ (ਪ੍ਰਭੂ)! ਮੈਂ ਤੈਨੂੰ ਸਦਾ 'ਸੁਬਹਾਨੁ' (ਆਖ ਆਖ ਕੇ) ਵਡਿਆਉਂਦਾ ਹਾਂ।
6243	150	ਤੂੰ ਸਚਾ ਦੀਬਾਣੁ ਹੋਰਿ ਆਵਣ ਜਾਣਿਆ॥	(ਦੀਬਾਣੁ) ਵੱਡੇ ਹਾਕਮ	Thoon Sachaa Dheebaan Hor Aavan Jaaniaa ||	Yours is the True Court. All others are subject to coming and going.	ਤੂੰ ਹੀ ਸਦਾ ਕਾਇਮ ਰਹਿਣ ਵਾਲਾ ਹਾਕਮ ਹੈਂ, ਹੋਰ ਸਾਰੇ ਜੀਵ ਜੰਮਦੇ ਮਰਦੇ ਰਹਿੰਦੇ ਹਨ।
6244	150	ਸਚੁ ਜਿ ਮੰਗਹਿ ਦਾਨੁ ਸਿ ਤੁਧੈ ਜੇਹਿਆ॥		Sach J Mangehi Dhaan S Thudhhai Jaehiaa ||	Those who ask for the gift of the True Name are like You.	(ਹੇ ਪ੍ਰਭੂ!) ਜੋ ਬੰਦੇ ਤੇਰਾ ਸੱਚਾ ਨਾਮ-ਰੂਪ ਦਾਨ ਤੈਥੋਂ ਮੰਗਦੇ ਹਨ ਉਹ ਤੇਰੇ ਵਰਗੇ ਹੋ ਜਾਂਦੇ ਹਨ।
6245	150	ਸਚੁ ਤੇਰਾ ਫੁਰਮਾਨੁ ਸਬਦੇ ਸੋਹਿਆ॥	(ਫੁਰਮਾਨੁ) ਹੁਕਮ। (ਸੋਹਿਆ) ਸ਼ੋਭਾ ਵਾਲਾ ਹੋਇਆ	Sach Thaeraa Furamaan Sabadhae Sohiaa ||	Your Command is True; we are adorned with the Word of Your Shabad.	ਤੇਰਾ ਅੱਟਲ ਹੁਕਮ (ਗੁਰ) ਸ਼ਬਦ ਦੀ ਬਰਕਤਿ ਨਾਲ (ਉਹਨਾਂ ਨੂੰ) ਮਿੱਠਾ ਲੱਗਦਾ ਹੈ।
6246	150	ਮੰਨਿਐ ਗਿਆਨੁ ਧਿਆਨੁ ਤੁਧੈ ਤੇ ਪਾਇਆ॥		Manniai Giaan Dhhiaan Thudhhai Thae Paaeiaa ||	Through faith and trust, we receive spiritual wisdom and meditation from You.	ਤੇਰਾ ਹੁਕਮ ਮੰਨਣ ਨਾਲ ਅਸਲੀਅਤ ਦੀ ਸਮਝ ਤੇ ਉੱਚੀ ਟਿਕੀ ਸੁਰਤ ਤੇਰੇ ਪਾਸੋਂ ਉਹਨਾਂ ਨੂੰ ਹਾਸਲ ਹੁੰਦੀ ਹੈ।
6247	150	ਕਰਮਿ ਪਵੈ ਨੀਸਾਨੁ ਨ ਚਲੈ ਚਲਾਇਆ॥		Karam Pavai Neesaan N Chalai Chalaaeiaa ||	By Your Grace, the banner of honor is obtained. It cannot be taken away or lost.	ਤੇਰੀ ਮਿਹਰ ਨਾਲ (ਉਹਨਾਂ ਦੇ ਮੱਥੇ ਤੇ ਇਹ ਸੋਹਣਾ) ਲੇਖ ਲਿਖਿਆ ਜਾਂਦਾ ਹੈ ਜੋ ਕਿਸੇ ਦਾ ਮਿਟਾਇਆ ਮਿਟਦਾ ਨਹੀਂ।

6248	150	ਤੂੰ ਸਚਾ ਦਾਤਾਰੁ ਨਿਤ ਦੇਵਹਿ ਚੜਹਿ ਸਵਾਇਆ॥	ਚੜ੍ਹਹਿ	Thoon Sachaa Dhaathaar Nith Dhaevehi Charrehi Savaaeiaa ||	You are the True Giver; You give continually. Your Gifts continue to increase.	ਹੇ ਪ੍ਰਭੂ! ਤੂੰ ਸਦਾ ਬਖ਼ਸ਼ਸ਼ਾਂ ਕਰਨ ਵਾਲਾ ਹੈਂ, ਤੂੰ ਨਿੱਤ ਬਖ਼ਸ਼ਸ਼ਾਂ ਕਰਦਾ ਹੈਂ ਤੇ ਵਧੀਕ ਵਧੀਕ ਬਖ਼ਸ਼ਸ਼ਾਂ ਕਰੀ ਜਾਂਦਾ ਹੈਂ।
6249	150	ਨਾਨਕੁ ਮੰਗੈ ਦਾਨੁ ਜੋ ਤੁਧੁ ਭਾਇਆ॥੨੬॥		Naanak Mangai Dhaan Jo Thudhh Bhaaeiaa ||26||	Nanak begs for that gift which is pleasing to You. ||26||	ਨਾਨਕ (ਤੇਰੇ ਦਰ ਤੋਂ) ਉਹੀ ਦਾਨ ਮੰਗਦਾ ਹੈ ਜੋ ਤੈਨੂੰ ਚੰਗਾ ਲੱਗਦਾ ਹੈ (ਭਾਵ, ਤੇਰੀ ਰਜ਼ਾ ਵਿਚ ਰਾਜ਼ੀ ਰਹਿਣ ਦਾ ਦਾਨ ਮੰਗਦਾ ਹੈ) ॥੨੬॥
6250	150	ਸਲੋਕੁ ਮਃ ੨॥		Salok Ma 2 ||	Shalok, Second Mehl:	
6251	150	ਦੀਖਿਆ ਆਖਿ ਬੁਝਾਇਆ ਸਿਫਤੀ ਸਚਿ ਸਮੇਉ॥	(ਦੀਖਿਆ) ਸਿੱਖਿਆ। (ਸਮੇਉ) ਸਮਾਏ। ਬੁੱਝਾਇਆ	Dheekhiaa Aakh Bujhaaeiaa Sifathee Sach Samaeo ||	Those who have accepted the Guru's Teachings and who have found the path remain absorbed in the Praises of the True Lord.	ਹੇ ਨਾਨਕ! ਜਿਨ੍ਹਾਂ ਦਾ ਗੁਰਦੇਵ ਹੈ (ਭਾਵ, ਜਿਨ੍ਹਾਂ ਦੇ ਸਿਰ ਤੇ ਗੁਰਦੇਵ ਹੈ), ਜਿਨ੍ਹਾਂ ਨੂੰ (ਗੁਰੂ ਨੇ) ਸਿੱਖਿਆ ਦੇ ਕੇ ਗਿਆਨ ਦਿੱਤਾ ਹੈ ਤੇ ਸਿਫ਼ਤ-ਸਾਲਾਹ ਦੀ ਰਾਹੀਂ ਸੱਚ ਵਿਚ ਜੋੜਿਆ ਹੈ,
6252	150	ਤਿਨ ਕਉ ਕਿਆ ਉਪਦੇਸੀਐ ਜਿਨ ਗੁਰੁ ਨਾਨਕ ਦੇਉ॥੧॥	(ਦੇਉ) ਪੂਜਨੀਕ ਬ੍ਰਹਮ ਜੀ	Thin Ko Kiaa Oupadhaeseeai Jin Gur Naanak Dhaeo ||1||	What teachings can be imparted to those who have the Divine Guru Nanak as their Guru? ||1||	ਉਹਨਾਂ ਨੂੰ ਕਿਸੇ ਹੋਰ ਉਪਦੇਸ਼ ਦੀ ਲੋੜ ਨਹੀਂ ਰਹਿੰਦੀ (ਭਾਵ, ਪ੍ਰਭੂ ਦੇ ਨਾਮ ਵਿਚ ਜੁੜਨ ਦੀ ਸਿੱਖਿਆ ਤੋਂ ਉੱਚੀ ਹੋਰ ਕੋਈ ਸਿੱਖਿਆ ਨਹੀਂ ਹੈ) ॥੧॥
6253	150	ਮਃ ੧॥		Ma 1 ||	First Mehl:	

6254	150	ਆਪਿ ਬੁਝਾਏ ਸੋਈ ਬੂਝੈ॥	ਬੁੱਝਾਏ	Aap Bujhaaeae Soee Boojhai ||	We understand the Lord only when He Himself inspires us to understand Him.	ਜਿਸ ਮਨੁੱਖ ਨੂੰ ਪ੍ਰਭੂ ਆਪ ਮਤਿ ਦੇਂਦਾ ਹੈ, ਉਸ ਨੂੰ ਹੀ ਮਤਿ ਆਉਂਦੀ ਹੈ।
6255	150	ਜਿਸੁ ਆਪਿ ਸੁਝਾਏ ਤਿਸੁ ਸਭੁ ਕਿਛੁ ਸੂਝੈ॥		Jis Aap Sujhaaeae This Sabh Kishh Soojhai ||	He alone knows everything, unto whom the Lord Himself gives knowledge.	ਜਿਸ ਮਨੁੱਖ ਨੂੰ ਆਪ ਸੂਝ ਬਖ਼ਸ਼ਦਾ ਹੈ, ਉਸ ਨੂੰ (ਜੀਵਨ-ਸਫ਼ਰ ਦੀ) ਹਰੇਕ ਗੱਲ ਦੀ ਸੂਝ ਆ ਜਾਂਦੀ ਹੈ।
6256	150	ਕਹਿ ਕਹਿ ਕਥਨਾ ਮਾਇਆ ਲੂਝੈ॥	(ਲੂਝੈ) ਝਗੜਦੇ	Kehi Kehi Kathhanaa Maaeiaa Loojhai ||	One may talk and preach and give sermons but still yearn after Maya.	(ਜੇ ਇਹ ਮਤਿ ਤੇ ਸੂਝ ਨਹੀਂ, ਤਾਂ ਇਸ ਦੀ ਪ੍ਰਾਪਤੀ ਬਾਰੇ) ਆਖੀ ਜਾਣਾ ਆਖੀ ਜਾਣਾ (ਕੋਈ ਲਾਭ ਨਹੀਂ ਦੇਂਦਾ) (ਮਨੁੱਖ ਅਮਲੀ ਜੀਵਨ ਵਿਚ) ਮਾਇਆ ਵਿਚ ਹੀ ਸੜਦਾ ਰਹਿੰਦਾ ਹੈ।
6257	150	ਹੁਕਮੀ ਸਗਲ ਕਰੇ ਆਕਾਰ॥		Hukamee Sagal Karae Aakaar ||	The Lord, by the Hukam of His Command, has created the entire creation.	ਸਾਰੇ ਜੀਅ-ਜੰਤ ਪ੍ਰਭੂ ਆਪ ਹੀ ਆਪਣੇ ਹੁਕਮ-ਅਨੁਸਾਰ ਪੈਦਾ ਕਰਦਾ ਹੈ।
6258	150	ਆਪੇ ਜਾਣੈ ਸਰਬ ਵੀਚਾਰ॥		Aapae Jaanai Sarab Veechaar ||	He Himself knows the inner nature of all.	ਸਾਰੇ ਜੀਵਾਂ ਬਾਰੇ ਵਿਚਾਰਾਂ (ਉਹਨਾਂ ਨੂੰ ਕੀਹ ਕੁਝ ਦੇਣਾ ਹੈ) ਪ੍ਰਭੂ ਆਪ ਹੀ ਜਾਣਦਾ ਹੈ।
6259	150	ਅਖਰ ਨਾਨਕ ਅਖਿਓ ਆਪਿ॥	(ਅੱਖਰ) ਉਪਦੇਸ਼। (ਅਖਿਓ) ਆਖਿਆ	Akhar Naanak Akhiou Aap ||	O Nanak, He Himself uttered the Word.	ਹੇ ਨਾਨਕ! ਜਿਸ ਮਨੁੱਖ ਨੂੰ ਉਸ ਅਵਿਨਾਸ਼ੀ ਤੇ ਅਖੈ ਪ੍ਰਭੂ ਪਾਸੋਂ ('ਸੂਝ ਬੂਝ' ਦੀ) ਦਾਤ ਮਿਲਦੀ ਹੈ,

6260	150	ਲਹੈ ਭਰਾਤਿ ਹੋਵੈ ਜਿਸੁ ਦਾਤਿ॥੨॥	(ਭਰਾਂਤਿ) ਭਰਮ	Lehai Bharaath Hovai Jis Dhaath ||2||	Doubt departs from one who receives this gift. ||2||	ਉਸ ਦੀ ਮਨ ਦੀ ਭਟਕਣਾ ਦੂਰ ਹੋ ਜਾਂਦੀ ਹੈ ॥੨॥
6261	150	ਪਉੜੀ॥		Pourree ||	Pauree:	
6262	150	ਹਉ ਢਾਢੀ ਵੇਕਾਰੁ ਕਾਰੈ ਲਾਇਆ॥		Ho Dtaadtee Vaekaar Kaarai Laaeiaa ||	I was a minstrel, out of work, when the Lord took me into His service.	ਮੈਂ ਵੇਹਲਾ ਸਾਂ, ਮੈਨੂੰ ਢਾਢੀ ਬਣਾ ਕੇ ਪ੍ਰਭੂ ਨੇ (ਅਸਲ) ਕੰਮ ਵਿਚ ਲਾ ਦਿੱਤਾ।
6263	150	ਰਾਤਿ ਦਿਹੈ ਕੈ ਵਾਰ ਧੁਰਹੁ ਫੁਰਮਾਇਆ॥	(ਕੈ) ਕਰਿਆ ਕਰੋ। (ਵਾਰ) ਜਸ	Raath Dhihai Kai Vaar Dhhurahu Furamaaeiaa ||	To sing His Praises day and night, He gave me His Order, right from the start.	ਪ੍ਰਭੂ ਨੇ ਧੁਰੋਂ ਹੁਕਮ ਦਿੱਤਾ ਕਿ ਭਾਵੇਂ ਰਾਤ ਹੋਵੇ ਭਾਵੇਂ ਦਿਨ ਜਸ ਕਰੋ।
6264	150	ਢਾਢੀ ਸਚੈ ਮਹਲਿ ਖਸਮਿ ਬੁਲਾਇਆ॥		Dtaadtee Sachai Mehal Khasam Bulaaeiaa ||	My Lord and Master has summoned me, His minstrel, to the True Mansion of His Presence.	ਮੈਨੂੰ ਢਾਢੀ ਨੂੰ (ਭਾਵ, ਜਦੋਂ ਮੈਂ ਉਸ ਦੀ ਸਿਫ਼ਤ-ਸਾਲਾਹ ਸਾਲਾਹ ਵਿਚ ਲੱਗਾ ਤਾਂ) ਖਸਮ ਨੇ ਆਪਣੇ ਸੱਚੇ ਮਹਲ ਵਿਚ (ਆਪਣੀ ਹਜ਼ੂਰੀ ਵਿਚ) ਸੱਦਿਆ।
6265	150	ਸਚੀ ਸਿਫਤਿ ਸਾਲਾਹਿ ਕਪੜਾ ਪਾਇਆ॥		Sachee Sifath Saalaah Kaparraa Paaeiaa ||	He has dressed me in the robes of His True Praise and Glory.	(ਉਸ ਨੇ) ਸੱਚੀ ਸਿਫ਼ਤ-ਸਾਲਾਹ-ਰੂਪ ਮੈਨੂੰ ਸਿਰੋਪਾਉ ਦਿੱਤਾ।
6266	150	ਸਚਾ ਅੰਮ੍ਰਿਤ ਨਾਮੁ ਭੋਜਨੁ ਆਇਆ॥		Sachaa Anmrith Naam Bhojan Aaeiaa ||	The Ambrosial Nectar of the True Name has become my food.	ਸਦਾ ਕਾਇਮ ਰਹਿਣ ਵਾਲਾ ਆਤਮਕ ਜੀਵਨ ਦੇਣ ਵਾਲਾ ਨਾਮ (ਮੇਰੇ ਆਤਮਾ ਦੇ ਆਧਾਰ ਲਈ ਮੈਨੂੰ) ਭੋਜਨ (ਉਸ ਪਾਸੋਂ) ਮਿਲਿਆ।

6267	150	ਗੁਰਮਤੀ ਖਾਧਾ ਰਜਿ ਤਿਨਿ ਸੁਖੁ ਪਾਇਆ॥	ਗੁਰਮੱਤੀ ਰੱਜਿ	Guramathee Khaadhhaa Raj Thin Sukh Paaeiaa ||	Those who follow the Guru's Teachings, who eat this food and are satisfied, find peace.	ਜਿਸ ਜਿਸ ਮਨੁੱਖ ਨੇ ਗੁਰੂ ਦੀ ਸਿੱਖਿਆ ਤੇ ਤੁਰ ਕੇ (ਇਹ 'ਅੰਮ੍ਰਿਤ ਨਾਮੁ ਭੋਜਨ') ਰੱਜ ਕੇ ਖਾਧਾ ਹੈ ਉਸ ਨੇ ਸੁਖ ਪਾਇਆ ਹੈ।
6268	150	ਢਾਢੀ ਕਰੇ ਪਸਾਉ ਸਬਦੁ ਵਜਾਇਆ॥	(ਪਸਾਉ) ਪ੍ਰਚਾਰ, ਪ੍ਰਸੰਨਤਾ। ਵੱਜਾਇਆ	Dtaadtee Karae Pasaao Sabadh Vajaaeiaa ||	His minstrel spreads His Glory, singing and vibrating the Word of His Shabad.	ਮੈਂ ਢਾਢੀ (ਭੀ ਜਿਉਂ ਜਿਉਂ) ਸਿਫ਼ਤ-ਸਾਲਾਹ ਦਾ ਗੀਤ ਗਾਉਂਦਾ ਹਾਂ, ਪ੍ਰਭੂ-ਦਰ ਤੋਂ ਮਿਲੇ ਇਸ ਨਾਮ-ਪ੍ਰਸ਼ਾਦ ਨੂੰ ਛਕਦਾ ਹਾਂ (ਭਾਵ, ਨਾਮ ਦਾ ਆਨੰਦ ਮਾਣਦਾ ਹਾਂ)।
6269	150	ਨਾਨਕ ਸਚੁ ਸਾਲਾਹਿ ਪੂਰਾ ਪਾਇਆ॥੨੭॥ ਸੁਧੁ	(ਸਾਲਾਹਿ) ਜਸ ਗਾ ਕੇ	Naanak Sach Saalaahi Pooraa Paaeiaa ||27|| Sudhhu	O Nanak, praising the True Lord, I have obtained His Perfection. ||27||Sudh||	ਹੇ ਨਾਨਕ! ਸੱਚੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰ ਕੇ ਉਸ ਪੂਰਨ ਪ੍ਰਭੂ ਦੀ ਪ੍ਰਾਪਤੀ ਹੁੰਦੀ ਹੈ ॥੨੭॥ ਸੁਧੁ।
6270	151	ਰਾਗੁ ਗਉੜੀ ਗੁਆਰੇਰੀ ਮਹਲਾ ੧ ਚਉਪਦੇ ਦੁਪਦੇ	ਚਉ-ਪਦੇ, ਦੁ-ਪਦੇ, ਪਦ, ਪਦੇ, ਪਦਾ, ਪਦੀਆਂ ਗੁਰਬਾਣੀ ਵਿੱਣ ਜਿੱਥੇ ਹੋਣ ਹਰ ਥਾਂ ਪੋਲੇ ਬੋਲੋ	Raag Gourree Guaaraeree Mehalaa 1 Choupadhae Dhupadhae	Raag Gauree Gwaarayree, First Mehl, Chau-Padas & Du-Padas:	ਰਾਗ ਗਉੜੀ-ਗੁਆਰੇਰੀ ਵਿੱਚ ਗੁਰੂ ਨਾਨਕਦੇਵ ਜੀ ਦੀ ਚਾਰ-ਬੰਦਾਂ ਤੇ ਦੋ-ਬੰਦਾਂ ਵਾਲੀ ਬਾਣੀ।

6271	151	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
6272	151	ਭਉ ਮੁਚੁ ਭਾਰਾ ਵਡਾ ਤੋਲੁ॥	(ਭਉ) ਭੈ ਧਾਰਨਾ। (ਮੁੱਚੁ) ਬਹੁਤ। (ਭਾਰਾ) ਭਾਰੀ ਹੈ। (ਤੋਲੁ) ਵੀਚਾਰੁ	Bho Much Bhaaraa Vaddaa Thol ||	The Fear of God is overpowering, and so very heavy,	ਪ੍ਰਭੂ ਦਾ ਡਰ ਬਹੁਤ ਭਾਰਾ ਹੈ ਇਸ ਦਾ ਤੋਲ ਵੱਡਾ ਹੈ (ਭਾਵ, ਜਿਸ ਮਨੁੱਖ ਦੇ ਅੰਦਰ ਪ੍ਰਭੂ ਦਾ ਡਰ-ਅਦਬ ਵੱਸਦਾ ਹੈ ਉਸਦਾ ਜੀਵਨ ਗੌਰਾ ਤੇ ਗੰਭੀਰ ਬਣ ਜਾਂਦਾ ਹੈ)।
6273	151	ਮਨ ਮਤਿ ਹਉਲੀ ਬੋਲੇ ਬੋਲੁ॥	ਜੀਵ ਦੇ ਮਨ ਦੀ ਮਤਿ (ਹਉਲੀ) ਤੁੱਛ ਹੈ	Man Math Houlee Bolae Bol ||	While the intellect is lightweight, as is the speech one speaks.	ਜਿਸ ਦੀ ਮਤਿ ਉਸ ਦੇ ਮਨ ਦੇ ਪਿੱਛੇ ਤੁਰਦੀ ਹੈ ਉਹ ਹੋਛੀ ਰਹਿੰਦੀ ਹੈ, ਉਹ ਹੋਛਾ ਹੀ ਬਚਨ ਬੋਲਦਾ ਹੈ।
6274	151	ਸਿਰਿ ਧਰਿ ਚਲੀਐ ਸਹੀਐ ਭਾਰੁ॥	ਚੱਲੀਐ	Sir Dhhar Chaleeai Seheeai Bhaar ||	So place the Fear of God upon your head, and bear that weight;	ਜੇ ਪ੍ਰਭੂ ਦਾ ਡਰ ਸਿਰ ਉੱਤੇ ਧਰ ਕੇ (ਭਾਵ, ਕਬੂਲ ਕਰ ਕੇ) ਜੀਵਨ ਗੁਜ਼ਾਰੀਏ, ਅਤੇ ਉਸ ਡਰ ਦਾ ਭਾਰ ਸਹਾਰ ਸਕੀਏ (ਭਾਵ, ਪ੍ਰਭੂ ਦਾ ਡਰ-ਅਦਬ ਸੁਖਾਵਾਂ ਲੱਗਣ ਲੱਗ ਪਏ)

6275	151	ਨਦਰੀ ਕਰਮੀ ਗੁਰ ਬੀਚਾਰੁ॥੧॥	ਮਿਹਰਾਂ ਦੇ ਦਾਤੇ (ਨਦਰੀ) ਵਾਹਿਗੁਰੂ ਜੀ ਦੀ (ਕਰਮੀ) ਕ੍ਰਿਪਾ ਨਾਲ	Nadharee Karamee Gur Beechaar ||1||	By the Grace of the Merciful Lord, contemplate the Guru. ||1||	ਤਾਂ ਪ੍ਰਭੂ ਦੀ ਮਿਹਰ ਦੀ ਨਜ਼ਰ ਨਾਲ ਪ੍ਰਭੂ ਦੀ ਬਖ਼ਸ਼ਸ਼ ਨਾਲ (ਮਨੁੱਖਤਾ ਬਾਰੇ) ਗੁਰੂ ਦੀ (ਦੱਸੀ ਹੋਈ) ਵਿਚਾਰ (ਜੀਵਨ ਦਾ ਹਿੱਸਾ ਬਣ ਜਾਂਦੀ ਹੈ) ॥੧॥
6276	151	ਭੈ ਬਿਨੁ ਕੋਇ ਨ ਲੰਘਸਿ ਪਾਰਿ॥		Bhai Bin Koe N Langhas Paar ||	Without the Fear of God, no one crosses over the world-ocean.	(ਸੰਸਾਰ ਵਿਕਾਰ-ਭਰਿਆ ਇੱਕ ਐਸਾ ਸਮੁੰਦਰ ਹੈ ਜਿਸ ਵਿਚੋਂ ਪਰਮਾਤਮਾ ਦਾ) ਡਰ ਹਿਰਦੇ ਵਿਚ ਵਸਾਣ ਤੋਂ ਬਿਨਾ ਕੋਈ ਪਾਰ ਨਹੀਂ ਲੰਘ ਸਕਦਾ।
6277	151	ਭੈ ਭਉ ਰਾਖਿਆ ਭਾਇ ਸਵਾਰਿ॥੧॥ਰਹਾਉ॥	(ਭਾਇ) ਪ੍ਰੇਮ	Bhai Bho Raakhiaa Bhaae Savaar ||1|| Rehaao ||	This Fear of God adorns the Love of the Lord. ||1||Pause||	(ਸਿਰਫ਼ ਉਹੀ ਪਾਰ ਲੰਘਦਾ ਹੈ ਜਿਸ ਨੇ) ਪ੍ਰਭੂ ਦੇ ਡਰ ਵਿਚ ਰਹਿ ਕੇ ਅਤੇ (ਪ੍ਰਭੂ)-ਪਿਆਰ ਦੀ ਰਾਹੀਂ (ਆਪਣਾ ਜੀਵਨ) ਸੰਵਾਰ ਕੇ ਪ੍ਰਭੂ ਦਾ ਡਰ-ਅਦਬ (ਆਪਣੇ ਹਿਰਦੇ ਵਿਚ) ਟਿਕਾ ਰੱਖਿਆ ਹੈ (ਭਾਵ, ਜਿਸ ਨੇ ਇਹ ਸ਼ਰਧਾ ਬਣਾ ਲਈ ਹੈ ਕਿ ਪ੍ਰਭੂ ਮੇਰੇ ਅੰਦਰ ਅਤੇ ਸਭ ਵਿਚ ਵੱਸਦਾ ਹੈ) ॥੧॥ ਰਹਾਉ ॥

6278	151	ਭੈ ਤਨਿ ਅਗਨਿ ਭਖੈ ਭੈ ਨਾਲਿ॥	ਭੈ ਨਾਲ ਤਨਿ ਚ ਪ੍ਰਭ ਜੀ ਨੂੰ ਮਿਲਣ ਦੀ (ਅਗਨਿ) ਤਾਂਘ (ਭਖੈ) ਹੋਰ ਤੇਜ਼ ਹੁੰਦੀ ਹੈ, ਭੈ ਹੀ ਫੂਕ ਮਾਰਨ ਵਾਲੀ (ਨਾਲਿ) ਨਾਲ਼ ਹੈ। ਵਾ ਭੈ (ਨਾਲਿ) ਨਾਲ ਤਨ ਚ ਭੈ ਰੂਪੀ ਅਗਨਿ ਬਲਦੀ ਹੈ ਜੋ ਤਨ ਚੋਂ ਔਗੁਣਾਂ ਨੂੰ ਸਾੜ ਦਿੰਦੀ ਹੈ। ਭਖੈ: ਪੋਲਾ ਬੋਲੋ	Bhai Than Agan Bhakhai Bhai Naal ||	The fire of fear within the body is burnt away by the Fear of God.	ਪ੍ਰਭੂ ਦੇ ਡਰ-ਅਦਬ ਵਿਚ ਰਿਹਾਂ ਮਨੁੱਖ ਦੇ ਅੰਦਰ ਪ੍ਰਭੂ ਨੂੰ ਮਿਲਣ ਦੀ ਤਾਂਘ ਟਿਕੀ ਰਹਿੰਦੀ ਹੈ।
6279	151	ਭੈ ਭਉ ਘੜੀਐ ਸਬਦਿ ਸਵਾਰਿ॥		Bhai Bho Gharreeai Sabadh Savaar ||	Through this Fear of God, we are adorned with the Word of the Shabad.	ਗੁਰੂ ਦੇ ਸ਼ਬਦ ਦੀ ਰਾਹੀਂ (ਆਤਮਕ ਜੀਵਨ ਨੂੰ) ਸੋਹਣਾ ਬਣਾ ਕੇ ਜਿਉਂ ਜਿਉਂ ਇਸ ਯਕੀਨ ਵਿਚ ਜੀਵੀਏ ਕਿ ਪ੍ਰਭੂ ਸਾਡੇ ਅੰਦਰ ਹੈ ਤੇ ਸਭ ਦੇ ਅੰਦਰ ਮੌਜੂਦ ਹੈ ਇਹ ਤਾਂਘ ਵਧੀਕ ਤੇਜ਼ ਹੁੰਦੀ ਜਾਂਦੀ ਹੈ।
6280	151	ਭੈ ਬਿਨੁ ਘਾੜਤ ਕਚੁਨਿ ਕਚ॥	ਕੱਚੁਨਿ। ਕੱਚ।	Bhai Bin Ghaarrath Kach Nikach ||	Without the Fear of God, all that is fashioned is false.	ਪ੍ਰਭੂ ਦਾ ਡਰ-ਅਦਬ ਰੱਖਣ ਤੋਂ ਬਿਨਾ (ਸਾਡੀ ਜੀਵਨ-ਉਸਾਰੀ) ਸਾਡੇ ਮਨ ਦੀ ਘਾੜਤ ਹੋਛੀ ਹੋ ਜਾਂਦੀ ਹੈ, ਬਿਲਕੁਲ ਹੋਛੀ ਬਣਦੀ ਜਾਂਦੀ ਹੈ,

6281	151	ਅੰਧਾ ਸਚਾ ਅੰਧੀ ਸਟ॥੨॥	ਸੱਟ	Andhhaa Sachaa Andhhee Satt ||2||	Useless is the mold, and useless are the hammer-strokes on the mold. ||2||	(ਕਿਉਂਕਿ) ਜਿਸ ਸੱਚੇ ਵਿਚ ਜੀਵਨ ਢਲਦਾ ਹੈ ਉਹ ਹੋਛਾ-ਪਨ ਪੈਦਾ ਕਰਨ ਵਾਲਾ ਹੁੰਦਾ ਹੈ, ਸਾਡੇ ਜਤਨ ਭੀ ਅਗਿਆਨਤਾ ਵਾਲੇ ਹੀ ਹੁੰਦੇ ਹਨ ॥੨॥
6282	151	ਬੁਧੀ ਬਾਜੀ ਉਪਜੈ ਚਾਉ॥	ਬੁੱਧੀ, ਬਾਜੀ:ਪੋਲਾ ਬੋਲੋ	Budhhee Baajee Oupajai Chaao ||	The desire for the worldly drama arises in the intellect,	ਹੇ ਨਾਨਕ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੀ ਬੁੱਧੀ ਜਗਤ-ਖੇਡ ਵਿਚ ਲੱਗੀ ਰਹਿੰਦੀ ਹੈ, (ਜਗਤ-ਤਮਾਸ਼ਿਆਂ ਦਾ ਹੀ) ਚਾਉ ਉਸ ਦੇ ਅੰਦਰ ਪੈਦਾ ਹੁੰਦਾ ਰਹਿੰਦਾ ਹੈ।
6283	151	ਸਹਸ ਸਿਆਣਪ ਪਵੈ ਨ ਤਾਉ॥		Sehas Siaanap Pavai N Thaao ||	But even with thousands of clever mental tricks, the heat of the Fear of God does not come into play.	ਮਨਮੁਖ ਭਾਵੇਂ ਹਜ਼ਾਰਾਂ ਸਿਆਣਪਾਂ ਭੀ ਕਰੇ, ਉਸ ਦਾ ਜੀਵਨ ਠੀਕ ਸੱਚੇ ਵਿਚ ਨਹੀਂ ਢਲਦਾ।
6284	151	ਨਾਨਕ ਮਨਮੁਖਿ ਬੋਲਣੁ ਵਾਉ॥		Naanak Manamukh Bolan Vaao ||	O Nanak, the speech of the self-willed manmukh is just wind.	ਮਨਮੁਖ ਦਾ ਬੇ-ਥਵਾ ਬੋਲ ਹੁੰਦਾ ਹੈ,
6285	151	ਅੰਧਾ ਅਖਰੁ ਵਾਉ ਦੁਆਉ॥੩॥੧॥	ਅੱਖਰੁ	Andhhaa Akhar Vaao Dhuaao ||3||1||	His words are worthless and empty, like the wind. ||3||1||	ਉਹ ਅੰਨ੍ਹਾ ਊਲ-ਜਲੂਲ ਗੱਲਾਂ ਹੀ ਕਰਦਾ ਹੈ ॥੩॥੧॥
6286	151	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	

6287	151	ਡਰਿ ਘਰੁ ਘਰਿ ਡਰੁ ਡਰਿ ਡਰੁ ਜਾਇ॥		Ddar Ghar Ghar Ddar Ddar Ddar Jaae ||	Place the Fear of God within the home of your heart; with this Fear of God in your heart, all other fears shall be frightened away.	(ਹੇ ਪ੍ਰਭੂ!) ਤੇਰੇ ਡਰ-ਅਦਬ ਵਿਚ ਰਿਹਾਂ ਉਹ ਆਤਮਕ ਅਵਸਥਾ ਮਿਲ ਜਾਂਦੀ ਹੈ ਜਿਥੇ ਮਨ ਤੇਰੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ, ਹਿਰਦੇ ਵਿਚ ਇਹ ਯਕੀਨ ਬਣ ਜਾਂਦਾ ਹੈ ਕਿ ਤੂੰ ਮੇਰੇ ਅੰਦਰ ਵੱਸਦਾ ਹੈਂ ਤੇ ਸਭ ਵਿਚ ਵੱਸਦਾ ਹੈਂ। ਤੇਰੇ ਡਰ ਵਿਚ ਰਿਹਾਂ (ਦੁਨੀਆ ਦਾ ਹਰੇਕ ਕਿਸਮ ਦਾ) ਸਹਮ ਦੂਰ ਹੋ ਜਾਂਦਾ ਹੈ।
6288	151	ਸੋ ਡਰੁ ਕੇਹਾ ਜਿਤੁ ਡਰਿ ਡਰੁ ਪਾਇ॥		So Ddar Kaehaa Jith Ddar Ddar Paae ||	What sort of fear is that, which frightens other fears?	ਤੇਰਾ ਡਰ ਐਸਾ ਨਹੀਂ ਹੁੰਦਾ ਕਿ ਉਸ ਡਰ ਵਿਚ ਰਿਹਾਂ ਕੋਈ ਹੋਰ ਸਹਮ ਟਿਕਿਆ ਰਹੇ।
6289	151	ਤੁਧੁ ਬਿਨੁ ਦੂਜੀ ਨਾਹੀ ਜਾਇ॥		Thudhh Bin Dhoojee Naahee Jaae ||	Without You, I have other place of rest at all.	(ਹੇ ਪ੍ਰਭੂ!) ਤੈਥੋਂ ਬਿਨਾਂ ਜੀਵ ਦਾ ਕੋਈ ਹੋਰ ਥਾਂ-ਆਸਰਾ ਨਹੀਂ ਹੈ।
6290	151	ਜੋ ਕਿਛੁ ਵਰਤੈ ਸਭ ਤੇਰੀ ਰਜਾਇ॥੧॥		Jo Kishh Varathai Sabh Thaeree Rajaae ||1||	Whatever happens is all according to Your Will. ||1||	ਜਗਤ ਵਿਚ ਜੋ ਕੁਝ ਹੋ ਰਿਹਾ ਹੈ ਸਭ ਤੇਰੀ ਮਰਜ਼ੀ ਨਾਲ ਹੋ ਰਿਹਾ ਹੈ ॥੧॥
6291	151	ਡਰੀਐ ਜੇ ਡਰੁ ਹੋਵੈ ਹੋਰੁ॥		Ddareeai Jae Ddar Hovai Hor ||	Be afraid, if you have any fear, other than the Fear of God.	(ਹੇ ਪ੍ਰਭੂ!) ਤੇਰਾ ਡਰ-ਅਦਬ ਟਿਕਣ ਦੇ ਥਾਂ) ਜੇ ਜੀਵ ਦੇ ਹਿਰਦੇ ਵਿਚ ਕੋਈ ਹੋਰ ਡਰ ਟਿਕਿਆ ਰਹੇ, ਤਾਂ ਜੀਵ ਸਦਾ ਸਹਮਿਆ ਰਹਿੰਦਾ ਹੈ।

6292	151	ਡਰਿ ਡਰਿ ਡਰਣਾ ਮਨ ਕਾ ਸੋਰੁ॥੧॥ਰਹਾਉ॥		Ddar Ddar Ddaranaa Man Kaa Sor ||1|| Rehaao ||	Afraid of fear, and living in fear, the mind is held in tumult. ||1||Pause||	ਮਨ ਦੀ ਘਬਰਾਹਟ ਮਨ ਦਾ ਸਹਮ ਹਰ ਵੇਲੇ ਬਣਿਆ ਰਹਿੰਦਾ ਹੈ ॥੧॥ ਰਹਾਉ ॥
6293	151	ਨਾ ਜੀਉ ਮਰੈ ਨ ਡੂਬੈ ਤਰੈ॥		Naa Jeeo Marai N Ddoobai Tharai ||	The soul does not die; it does not drown, and it does not swim across.	(ਪ੍ਰਭੂ ਦੇ ਡਰ-ਅਦਬ ਵਿਚ ਰਿਹਾਂ ਹੀ ਇਹ ਯਕੀਨ ਬਣ ਸਕਦਾ ਹੈ ਕਿ) ਜੀਵ ਨਾਹ ਮਰਦਾ ਹੈ ਨਾਹ ਕਿਤੇ ਡੁੱਬ ਸਕਦਾ ਹੈ ਨਾਹ ਕਿਤੋਂ ਤਰਦਾ ਹੈ (ਭਾਵ, ਜੇਹੜਾ ਕਿਤੇ ਡੁਬਦਾ ਹੀ ਨਹੀਂ ਉਸ ਦੇ ਤਰਨ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ)।
6294	151	ਜਿਨਿ ਕਿਛੁ ਕੀਆ ਸੋ ਕਿਛੁ ਕਰੈ॥		Jin Kishh Keeaa So Kishh Karai ||	The One who created everything does everything.	(ਇਹ ਯਕੀਨ ਬਣਿਆ ਰਹਿੰਦਾ ਹੈ ਕਿ) ਜਿਸ ਪਰਮਾਤਮਾ ਨੇ ਇਹ ਜਗਤ ਬਣਾਇਆ ਹੈ ਉਹੀ ਸਭ ਕੁਝ ਕਰ ਰਿਹਾ ਹੈ।
6295	151	ਹੁਕਮੇ ਆਵੈ ਹੁਕਮੇ ਜਾਇ॥		Hukamae Aavai Hukamae Jaae ||	By the Hukam of His Command we come, and by the Hukam of His Command we go.	ਉਸ ਦੇ ਹੁਕਮ ਵਿਚ ਹੀ ਜੀਵ ਜੰਮਦਾ ਹੈ ਤੇ ਹੁਕਮ ਵਿਚ ਹੀ ਮਰਦਾ ਹੈ।
6296	151	ਆਗੈ ਪਾਛੈ ਹੁਕਮਿ ਸਮਾਇ॥੨॥		Aagai Paashhai Hukam Samaae ||2||	Before and after, His Command is pervading. ||2||	ਲੋਕ ਪਰਲੋਕ ਵਿਚ ਜੀਵ ਨੂੰ ਉਸ ਦੇ ਹੁਕਮ ਵਿਚ ਟਿਕੇ ਰਹਿਣਾ ਪੈਂਦਾ ਹੈ ॥੨॥

6297	151	ਹੰਸੁ ਹੇਤੁ ਆਸਾ ਅਸਮਾਨੁ॥	ਹੰਸੁ ਵਰਗੇ ਸੋਹਣੇ ਬਣਕੇ ਫ਼ੈਸ਼ਨ ਲਾਉਣਾ। (ਹੇਤੁ) ਮੋਹ। (ਆਸਾ) ਇੱਛਾ ਚਾਹ। (ਅਸਮਾਨੁ) ਅਕਾਸ਼	Hans Haeth Aasaa Asamaan ||	Cruelty, attachment, desire and egotism	(ਜਿਸ ਹਿਰਦੇ ਵਿਚ ਪ੍ਰਭੂ ਦਾ ਡਰ-ਅਦਬ ਨਹੀਂ ਹੈ, ਮੋਹ ਹੈ, ਅਹੰਕਾਰ ਹੈ,
6298	151	ਤਿਸੁ ਵਿਚਿ ਭੂਖ ਬਹੁਤੁ ਨੈ ਸਾਨੁ॥	(ਨੈ) ਨਦੀ ਦੇ (ਸਾਨੁ) ਬਰਾਬਰ। (ਦੂਜਾ ਪਾਠ: ਨੈਸਾਨੁ)	This Vich Bhookh Bahuth Nai Saan ||	There is great hunger in these, like the raging torrent of a wild stream.	ਉਸ ਹਿਰਦੇ ਵਿਚ ਤ੍ਰਿਸ਼ਨਾ ਦੀ ਕਾਂਗ ਨਦੀ ਵਾਂਗ (ਠਾਠਾਂ ਮਾਰ ਰਹੀ) ਹੈ।
6299	151	ਭਉ ਖਾਣਾ ਪੀਣਾ ਆਧਾਰੁ॥		Bho Khaanaa Peenaa Aadhhaar ||	Let the Fear of God be your food, drink and support.	ਪ੍ਰਭੂ ਦਾ ਡਰ-ਅਦਬ ਹੀ ਆਤਮਕ ਜੀਵਨ ਦੀ ਖ਼ੁਰਾਕ ਹੈ, ਆਤਮਾ ਦਾ ਆਸਰਾ ਹੈ;
6300	151	ਵਿਣੁ ਖਾਧੇ ਮਰਿ ਹੋਹਿ ਗਵਾਰ॥੩॥		Vin Khaadhhae Mar Hohi Gavaar ||3||	Without doing this, the fools simply die. ||3||	ਜੋ ਇਹ ਖ਼ੁਰਾਕ ਨਹੀਂ ਖਾਂਦੇ ਉਹ (ਦੁਨੀਆ ਦੇ) ਸਹਮ ਵਿਚ ਰਹਿ ਕੇ ਕਮਲੇ ਹੋਏ ਰਹਿੰਦੇ ਹਨ ॥੩॥
6301	151	ਜਿਸ ਕਾ ਕੋਇ ਕੋਈ ਕੋਇ ਕੋਇ॥		Jis Kaa Koe Koee Koe Koe ||	If anyone really has anyone else - how rare is that person!	(ਹੇ ਪ੍ਰਭੂ! ਤੇਰੇ ਡਰ-ਅਦਬ ਵਿਚ ਰਿਹਾਂ ਹੀ ਇਹ ਯਕੀਨ ਬਣਦਾ ਹੈ ਕਿ) ਜਿਸ ਕਿਸੇ ਦਾ ਕੋਈ ਸਹਾਈ ਬਣਦਾ ਹੈ ਕੋਈ ਵਿਰਲਾ ਹੀ ਬਣਦਾ ਹੈ (ਭਾਵ, ਕਿਸੇ ਦਾ ਕੋਈ ਸਦਾ ਲਈ ਸਾਥੀ ਸਹਾਇਕ ਨਹੀਂ ਬਣ ਸਕਦਾ),
6302	151	ਸਭੁ ਕੋ ਤੇਰਾ ਤੂੰ ਸਭਨਾ ਕਾ ਸੋਇ॥		Sabh Ko Thaeraa Thoon Sabhanaa Kaa Soe ||	All are Yours - You are the Lord of all.	ਪਰ ਹਰੇਕ ਜੀਵ ਤੇਰਾ (ਪੈਦਾ ਕੀਤਾ ਹੋਇਆ) ਹੈ, ਤੂੰ ਸਭ ਦੀ ਸਾਰ ਰੱਖਣ ਵਾਲਾ ਹੈਂ।

6303	151	ਜਾ ਕੇ ਜੀਅ ਜੰਤ ਧਨੁ ਮਾਲੁ॥		Jaa Kae Jeea Janth Dhhan Maal ||	All beings and creatures, wealth and property belong to Him.	ਜਿਸ ਪਰਮਾਤਮਾ ਦੇ ਇਹ ਸਾਰੇ ਜੀਵ ਜੰਤ ਪੈਦਾ ਕੀਤੇ ਹੋਏ ਹਨ, (ਜੀਵਾਂ ਵਾਸਤੇ) ਉਸੇ ਦਾ ਹੀ ਇਹ ਧਨ-ਮਾਲ (ਬਣਾਇਆ ਹੋਇਆ) ਹੈ।
6304	151	ਨਾਨਕ ਆਖਣੁ ਬਿਖਮੁ ਬੀਚਾਰੁ॥੪॥੨॥	(ਬਿਖਮੁ) ਔਖਾ	Naanak Aakhan Bikham Beechaar ||4||2||	O Nanak, it is so difficult to describe and contemplate Him. ||4||2||	ਹੇ ਨਾਨਕ! (ਇਸ ਤੋਂ ਵਧ ਇਹ) ਵਿਚਾਰਨਾ ਤੇ ਆਖਣਾ (ਕਿ ਉਹ ਪ੍ਰਭੂ ਆਪਣੇ ਪੈਦਾ ਕੀਤੇ ਜੀਵਾਂ ਦੀ ਕਿਵੇਂ ਸੰਭਾਲ ਕਰਦਾ ਹੈ) ਔਖਾ ਕੰਮ ਹੈ ॥੪॥੨॥
6305	151	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
6306	151	ਮਾਤਾ ਮਤਿ ਪਿਤਾ ਸੰਤੋਖੁ॥	ਮਾਤਾ: ਪੋਲਾ ਬੋਲੋ। ਮੱਤਿ	Maathaa Math Pithaa Santhokh ||	Let wisdom be your mother, and contentment your father.	ਜੇ ਕੋਈ ਜੀਵ-ਇਸਤ੍ਰੀ ਉੱਚੀ ਮਤਿ ਨੂੰ ਆਪਣੀ ਮਾਂ ਬਣਾ ਲਏ (ਉੱਚੀ ਮਤਿ ਦੀ ਗੋਦੀ ਵਿਚ ਪਲੇ) ਸੰਤੋਖ ਨੂੰ ਆਪਣਾ ਪਿਉ ਬਣਾਏ (ਸੰਤੋਖ-ਪਿਤਾ ਦੀ ਨਿਗਰਾਨੀ ਵਿਚ ਰਹੇ),
6307	151	ਸਤੁ ਭਾਈ ਕਰਿ ਏਹੁ ਵਿਸੇਖੁ॥੧॥	ਸੱਤੁ, ਸੰਤੋਖ, ਦਇਆ, ਧਰਮ ਆਦਿ ਸ਼ੁਭ ਗੁਣ। (ਵਿਸੇਖੁ) ਵਿਸ਼ੇਸ਼ ਕਰਕੇ	Sath Bhaaee Kar Eaehu Visaekh ||1||	Let Truth be your brother - these are your best relatives. ||1||	ਖ਼ਲਕਤ ਦੀ ਸੇਵਾ ਨੂੰ ਉਚੇਚਾ ਭਰਾ ਬਣਾਏ (ਖ਼ਲਕਤ ਦੀ ਸੇਵਾ-ਰੂਪ ਭਰਾ ਦਾ ਜੀਵਨ ਉੱਤੇ ਵਿਸ਼ੇਸ਼ ਅਸਰ ਪਏ) ॥੧॥
6308	151	ਕਹਣਾ ਹੈ ਕਿਛੁ ਕਹਣੁ ਨ ਜਾਇ॥		Kehanaa Hai Kishh Kehan N Jaae ||	He has been described, but He cannot be described at all.	ਹੇ ਪ੍ਰਭੂ! ਤੇਰੇ ਨਾਲ ਮਿਲਾਪ-ਅਵਸਥਾ ਬਿਆਨ ਨਹੀਂ ਹੋ ਸਕਦੀ, ਰਤਾ-ਮਾਤ੍ਰ ਦੱਸੀ ਹੈ,

6309	151	ਤਉ ਕੁਦਰਤਿ ਕੀਮਤਿ ਨਹੀ ਪਾਇ॥੧॥ਰਹਾਉ॥		Tho Kudharath Keemath Nehee Paae ||1|| Rehaao ||	Your All-pervading creative nature cannot be estimated. ||1||Pause||	(ਕਿਉਂਕਿ) ਹੇ ਪ੍ਰਭੂ! ਤੇਰੀ ਕੁਦਰਤਿ ਦਾ ਪੂਰਾ ਮੁੱਲ ਨਹੀਂ ਪੈ ਸਕਦਾ (ਭਾਵ, ਕੁਦਰਤਿ ਕਿਹੋ ਜਿਹੀ ਹੈ-ਇਹ ਦੱਸਿਆ ਨਹੀਂ ਜਾ ਸਕਦਾ) ॥੧॥ ਰਹਾਉ ॥
6310	152	ਸਰਮ ਸੁਰਤਿ ਦੁਇ ਸਸੁਰ ਭਏ॥	ਸੱਸੁਰ	Saram Surath Dhue Sasur Bheae ||	Modesty, humility and intuitive understanding are my mother-in-law and father-in-law;	ਉੱਦਮ ਅਤੇ ਉੱਚੀ ਸੁਰਤ ਇਹ ਦੋਵੇਂ ਉਸ ਜੀਵ-ਇਸਤ੍ਰੀ ਦੇ ਸੱਸ ਸੁਹਰਾ ਬਣਨ;
6311	152	ਕਰਣੀ ਕਾਮਣਿ ਕਰਿ ਮਨ ਲਏ॥੨॥	(ਕਰਣੀ) ਭਗਤੀ ਰੂਪੀ (ਕੱਾਮਣਿ) ਇਸਤ੍ਰੀ ਨੂੰ, ਮਨ ਨੇ ਧਾਰਨ ਕਰ ਲਿਆ ਹੈ	Karanee Kaaman Kar Man Leae ||2||	I have made good deeds my spouse. ||2||	ਤੇ ਹੇ ਮਨ! ਜੇ ਜੀਵ ਸੁਚੱਜੀ ਜ਼ਿੰਦਗੀ ਨੂੰ ਇਸਤ੍ਰੀ ਬਣਾ ਲਏ ॥੨॥
6312	152	ਸਾਹਾ ਸੰਜੋਗੁ ਵੀਆਹੁ ਵਿਜੋਗੁ॥	ਵਿਆਹ ਲਈ (ਸਾਹਾ) ਮਹੂਰਤ। (ਵਿਜੋਗੁ) ਵਿਛੋੜਾ	Saahaa Sanjog Veeaahu Vijog ||	Union with the Holy is my wedding date, and separation from the world is my marriage.	ਜੇ ਸਤ ਸੰਗ (ਵਿਚ ਜਾਣਾ) ਪ੍ਰਭੂ ਨਾਲ ਵਿਆਹ ਦਾ ਸਾਹਾ ਸੋਧਿਆ ਜਾਏ (ਭਾਵ, ਜਿਵੇਂ ਵਿਆਹ ਵਾਸਤੇ ਸੋਧਿਆ ਹੋਇਆ ਸਾਹਾ ਟਾਲਿਆ ਨਹੀਂ ਜਾ ਸਕਦਾ, ਤਿਵੇਂ ਸਤ ਸੰਗ ਵਿਚੋਂ ਕਦੇ ਨ ਖੁੰਝੇ),

6313	152	ਸਚੁ ਸੰਤਤਿ ਕਹੁ ਨਾਨਕ ਜੋਗੁ॥੩॥੩॥	(ਸੰਤਤਿ) ਸੰਤਾਨ। (ਜੋਗੁ) ਮਿਲਾਪ	Sach Santhath Kahu Naanak Jog ||3||3||	Says Nanak, Truth is the child born of this Union. ||3||3||	ਜੇ (ਸਤ ਸੰਗ ਵਿਚ ਰਹਿ ਕੇ ਦੁਨੀਆ ਨਾਲੋਂ) ਨਿਰਮੋਹਤਾ-ਰੂਪ (ਪ੍ਰਭੂ ਨਾਲ) ਵਿਆਹ ਹੋ ਜਾਏ; ਤਾਂ (ਇਸ ਵਿਆਹ ਵਿਚੋਂ) ਸੱਚ (ਭਾਵ, ਪ੍ਰਭੂ ਦਾ ਸਦਾ ਹਿਰਦੇ ਵਿਚ ਟਿਕੇ ਰਹਿਣਾ, ਉਸ ਜੀਵ-ਇਸਤ੍ਰੀ ਦੀ) ਸੰਤਾਨ ਹੈ। ਨਾਨਕ ਆਖਦਾ ਹੈ- ਇਹ ਹੈ (ਸੱਚਾ) ਪ੍ਰਭੂ-ਮਿਲਾਪ ॥੩॥੩॥
6314	152	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
6315	152	ਪਉਣੈ ਪਾਣੀ ਅਗਨੀ ਕਾ ਮੇਲੁ॥		Pounai Paanee Aganee Kaa Mael ||	The union of air, water and fire	ਹੇ ਆਤਮਕ ਜੀਵਨ ਦੀ ਸੂਝ ਵਾਲੇ ਮਨੁੱਖ! (ਗੁਰੂ ਦੀ ਸਰਨ ਪੈ ਕੇ) ਇਹ ਗੱਲ ਸਮਝ ਲੈ (ਕਿ ਜਦੋਂ) ਹਵਾ ਪਾਣੀ ਅੱਗ (ਆਦਿਕ ਤੱਤਾਂ ਦਾ) ਮਿਲਾਪ ਹੁੰਦਾ ਹੈ (ਤਦੋਂ ਇਹ ਸਰੀਰ ਬਣਦਾ ਹੈ,
6316	152	ਚੰਚਲ ਚਪਲ ਬੁਧਿ ਕਾ ਖੇਲੁ॥	(ਚਪਲ) ਅਸਥਿਰ। ਖੇਲੁ	Chanchal Chapal Budhh Kaa Khael ||	The body is the play-thing of the fickle and unsteady intellect.	ਤੇ ਇਸ ਵਿਚ) ਚੰਚਲ ਅਤੇ ਕਿਤੇ ਇੱਕ ਥਾਂ ਨਾਹ ਟਿਕਣ ਵਾਲੀ ਬੁੱਧੀ ਦੀ ਦੌੜ-ਭੱਜ (ਸ਼ੁਰੂ ਹੋ ਜਾਂਦੀ ਹੈ)।
6317	152	ਨਉ ਦਰਵਾਜੇ ਦਸਵਾਦੁਆਰੁ॥		No Dharavaajae Dhasavaa Dhuaar ||	It has nine doors, and then there is the Tenth Gate.	(ਸਰੀਰ ਦੀਆਂ) ਨੌ ਹੀ ਗੋਲਕਾਂ (ਇਸ ਦੌੜ-ਭੱਜ ਵਿਚ ਸ਼ਾਮਿਲ ਰਹਿੰਦੀਆਂ ਹਨ,
6318	152	ਬੁਝੁ ਰੇ ਗਿਆਨੀ ਏਹੁ ਬੀਚਾਰੁ॥੧॥	ਬੁੱਝੁ	Bujh Rae Giaanee Eaehu Beechaar ||1||	Reflect upon this and understand it, O wise one. ||1||	ਸਿਰਫ਼) ਦਿਮਾਗ਼ (ਹੀ ਹੈ ਜਿਸ ਰਾਹੀਂ ਆਤਮਕ ਜੀਵਨ ਦੀ ਸੂਝ ਪੈ ਸਕਦੀ ਹੈ) ॥੧॥

6319	152	ਕਥਤਾ ਬਕਤਾ ਸੁਨਤਾ ਸੋਈ॥	ਕਥਤਾ ਬਕਤਾ: ਪੋਲੇ ਬੋਲੋ	Kathhathaa Bakathaa Sunathaa Soee ||	The Lord is the One who speaks, teaches and listens.	ਹੇ ਭਾਈ! (ਉਸ ਨੂੰ ਇਹ ਸਮਝ ਆ ਜਾਂਦੀ ਹੈ ਕਿ) ਉਹ ਪਰਮਾਤਮਾ ਹੀ (ਹਰੇਕ ਜੀਵ ਵਿਚ ਵਿਆਪਕ ਹੋ ਕੇ) ਬੋਲਣ ਵਾਲਾ ਹੈ ਸੁਣਨ ਵਾਲਾ ਹੈ,
6320	152	ਆਪੁ ਬੀਚਾਰੇ ਸੁ ਗਿਆਨੀ ਹੋਈ॥੧॥ਰਹਾਉ॥		Aap Beechaarae S Giaanee Hoee ||1|| Rehaao ||	One who contemplates his own self is truly wise. ||1||Pause||	ਜਿਹੜਾ ਮਨੁੱਖ (ਗੁਰੂ ਦੀ ਸਰਨ ਪੈ ਕੇ) ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ ਉਹ ਮਨੁੱਖ ਆਤਮਕ ਜੀਵਨ ਦੀ ਸੂਝ ਵਾਲਾ ਹੋ ਜਾਂਦਾ ਹੈ ॥੧॥ਰਹਾਉ ॥
6321	152	ਦੇਹੀ ਮਾਟੀ ਬੋਲੈ ਪਉਣੁ॥		Dhaehee Maattee Bolai Poun ||	The body is dust; the wind speaks through it.	ਮਿੱਟੀ ਆਦਿਕ ਤੱਤਾਂ ਤੋਂ ਬਣੇ ਇਸ ਸਰੀਰ ਵਿਚ ਸੁਆਸ ਚੱਲਦਾ ਹੀ ਰਹਿੰਦਾ ਹੈ।
6322	152	ਬੁਝੁ ਰੇ ਗਿਆਨੀ ਮੂਆ ਹੈ ਕਉਣੁ॥	ਬੁੱਝੁ	Bujh Rae Giaanee Mooaa Hai Koun ||	Understand, O wise one, who has died.	ਹੇ ਗਿਆਨਵਾਨ ਮਨੁੱਖ! ਇਸ ਗੱਲ ਨੂੰ ਸਮਝ (ਕਿ ਜਦੋਂ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਤਦੋਂ ਮਨੁੱਖ ਦੇ ਅੰਦਰੋਂ ਸਿਰਫ਼ ਆਪਾ-ਭਾਵ ਦੀ ਮੌਤ ਹੁੰਦੀ ਹੈ, ਉਂਞ) ਹੋਰ ਕੁਝ ਨਹੀਂ ਮਰਦਾ।
6323	152	ਮੂਈ ਸੁਰਤਿ ਬਾਦੁ ਅਹੰਕਾਰੁ॥	ਦੇਹ ਦੀ ਹੰਗਤਾ ਸਹਿਤ (ਸੁਰਤਿ) ਬ੍ਰਿਤੀ। (ਬਾਦੁ) ਝਗੜਾ, ਬਿਅਰਥ। ਅਹੰ-ਕਾਰੁ	Mooee Surath Baadh Ahankaar ||	Awareness, conflict and ego have died,	(ਹਾਂ, ਗੁਰੂ ਮਿਲਿਆਂ ਮਨੁੱਖ ਦੇ ਅੰਦਰੋਂ ਮਾਇਆ ਵਾਲੇ ਪਾਸੇ ਦੀ) ਖਿੱਚ ਮਰ ਜਾਂਦੀ ਹੈ, (ਮਾਇਆ ਦੀ ਖ਼ਾਤਰ ਮਨ ਦਾ) ਝਗੜਾ ਮਰ ਜਾਂਦਾ ਹੈ (ਮਨੁੱਖ ਦੇ ਅੰਦਰੋਂ ਮਾਇਆ ਦਾ) ਅਹੰਕਾਰ ਮਰ ਜਾਂਦਾ ਹੈ।

6324	152	ਓਹੁ ਨ ਮੂਆ ਜੋ ਦੇਖਣਹਾਰੁ॥੨॥		Ouhu N Mooaa Jo Dhaekhanehaar ||2||	But the One who sees does not die. ||2||	ਪਰ ਉਹ (ਆਤਮਾ) ਨਹੀਂ ਮਰਦਾ ਜੋ ਸਭ ਦੀ ਸੰਭਾਲ ਕਰਨ ਵਾਲੇ ਪਰਮਾਤਮਾ ਦੀ ਅੰਸ਼ ਹੈ ॥੨॥
6325	152	ਜੈ ਕਾਰਣਿ ਤਟਿ ਤੀਰਥ ਜਾਹੀ॥	ਤਟਿ: ਪੋਲਾ ਬੋਲੋ	Jai Kaaran Thatt Theerathh Jaahee ||	For the sake of it, you journey to sacred shrines and holy rivers;	ਹੇ ਭਾਈ! ਜਿਸ (ਨਾਮ-ਰਤਨ) ਦੀ ਖ਼ਾਤਰ ਲੋਕ ਤੀਰਥਾਂ ਦੇ ਕੰਢੇ ਤੇ ਜਾਂਦੇ ਹਨ,
6326	152	ਰਤਨ ਪਦਾਰਥ ਘਟ ਹੀ ਮਾਹੀ॥		Rathan Padhaarathh Ghatt Hee Maahee ||	But this priceless jewel is within your own heart.	ਉਹ ਕੀਮਤੀ ਰਤਨ (ਮਨੁੱਖ ਦੇ) ਹਿਰਦੇ ਵਿਚ ਹੀ ਵੱਸਦਾ ਹੈ।
6327	152	ਪੜਿ ਪੜਿ ਪੰਡਿਤੁ ਬਾਦੁ ਵਖਾਣੈ॥		Parr Parr Panddith Baadh Vakhaanai ||	The Pandits, the religious scholars, read and read endlessly; they stir up arguments and controversies,	(ਵੇਦ ਆਦਿਕ ਪੁਸਤਕਾਂ ਦਾ ਵਿਦਵਾਨ) ਪੰਡਿਤ (ਵੇਦ ਆਦਿਕ ਧਰਮ-ਪੁਸਤਕਾਂ ਨੂੰ) ਪੜ੍ਹ ਪੜ੍ਹ ਕੇ (ਭੀ) ਚਰਚਾ ਕਰਦਾ ਰਹਿੰਦਾ ਹੈ।
6328	152	ਭੀਤਰਿ ਹੋਦੀ ਵਸਤੁ ਨ ਜਾਣੈ॥੩॥	ਹੋਂਦੀ	Bheethar Hodhee Vasath N Jaanai ||3||	But they do not know the secret deep within. ||3||	ਉਹ ਪੰਡਿਤ (ਆਪਣੇ) ਅੰਦਰ ਵੱਸਦੇ ਨਾਮ-ਪਦਾਰਥ ਨਾਲ ਸਾਂਝ ਨਹੀਂ ਪਾਂਦਾ ॥੩॥
6329	152	ਹਉ ਨ ਮੂਆ ਮੇਰੀ ਮੁਈ ਬਲਾਇ॥	ਔਗੁਣਾਂ ਵਿਕਾਰਾਂ ਦੀ ਪੂਰੀ (ਬਲਾਇ) ਬਲਾ	Ho N Mooaa Maeree Muee Balaae ||	I have not died - that evil nature within me has died.	(ਉਸ ਨੂੰ) ਇਹ ਦਿੱਸ ਪੈਂਦਾ ਹੈ ਕਿ ਜੀਵਾਤਮਾ ਨਹੀਂ ਮਰਦਾ, (ਮਨੁੱਖ ਦੇ ਅੰਦਰੋਂ) ਮਾਇਆ ਦੀ ਮਮਤਾ-ਰੂਪ ਚੁੜੇਲ ਹੀ ਮਰਦੀ ਹੈ।

6330	152	ਓਹੁ ਨ ਮੂਆ ਜੋ ਰਹਿਆ ਸਮਾਇ॥		Ouhu N Mooaa Jo Rehiaa Samaae ||	The One who is pervading everywhere does not die.	ਸਭ ਜੀਵਾਂ ਵਿਚ ਵਿਆਪਕ ਪਰਮਾਤਮਾ ਕਦੇ ਨਹੀਂ ਮਰਦਾ।
6331	152	ਕਹੁ ਨਾਨਕ ਗੁਰਿ ਬ੍ਰਹਮੁ ਦਿਖਾਇਆ॥		Kahu Naanak Gur Breham Dhikhaaeiaa ||	Says Nanak, the Guru has revealed God to me,	ਨਾਨਕ ਆਖਦਾ ਹੈ- (ਜਿਸ ਮਨੁੱਖ ਨੂੰ) ਗੁਰੂ ਨੇ ਪਰਮਾਤਮਾ ਦਾ ਦਰਸ਼ਨ ਕਰਾ ਦਿੱਤਾ,
6332	152	ਮਰਤਾ ਜਾਤਾ ਨਦਰਿ ਨ ਆਇਆ॥੪॥੪॥		Marathaa Jaathaa Nadhar N Aaeiaa ||4||4||	And now I see that there is no such thing as birth or death. ||4||4||	ਉਸ ਨੂੰ ਇਹ ਦਿੱਸ ਪੈਂਦਾ ਹੈ ਕਿ ਪ੍ਰਭੂ ਜੰਮਦਾ ਮਰਦਾ ਨਹੀਂ ॥੪॥੪॥
6333	152	ਗਉੜੀ ਮਹਲਾ ੧ ਦਖਣੀ॥		Gourree Mehalaa 1 Dhakhanee ||	Gauree, First Mehl, Dakhanee:	
6334	152	ਸੁਣਿ ਸੁਣਿ ਬੂਝੈ ਮਾਨੈ ਨਾਉ॥	ਦੱਖਣੀ, ਬੂੱਝੈ	Sun Sun Boojhai Maanai Naao ||	I am forever a sacrifice to the one who listens and hears,	ਜੋ ਮਨੁੱਖ ("ਸਾਚੇ ਗੁਰ ਕੀ ਸਾਚੀ ਸੀਖ") ਸੁਣ ਸੁਣ ਕੇ ਉਸ ਨੂੰ ਵਿਚਾਰਦਾ-ਸਮਝਦਾ ਹੈ ਤੇ ਇਹ ਯਕੀਨ ਬਣਾ ਲੈਂਦਾ ਹੈ ਕਿ ਪਰਮਾਤਮਾ ਦਾ ਨਾਮ ਹੀ ਅਸਲ ਵਣਜ-ਵਪਾਰ ਹੈ,
6335	152	ਤਾ ਕੈ ਸਦ ਬਲਿਹਾਰੈ ਜਾਉ॥		Thaa Kai Sadh Balihaarai Jaao ||	Who understands and believes in the Name.	ਮੈਂ ਉਸ ਤੋਂ ਸਦਾ ਸਦਕੇ ਜਾਂਦਾ ਹਾਂ।

6336	152	ਆਪਿ ਭੁਲਾਏ ਠਉਰ ਨ ਠਾਉ॥	(ਠਉਰ) ਠਹਿਰਨ ਦੀ (ਠਾਉ) ਥਾਂ	Aap Bhulaaeae Thour N Thaao ||	When the Lord Himself leads us astray, there is no other place of rest for us to find.	ਜਿਸ ਮਨੁੱਖ ਨੂੰ ਪ੍ਰਭੂ (ਇਸ ਪਾਸੇ ਵਲੋਂ) ਖੁੰਝਾ ਦੇਂਦਾ ਹੈ, ਉਸ ਨੂੰ ਕੋਈ ਹੋਰ (ਆਤਮਕ) ਸਹਾਰਾ ਨਹੀਂ ਮਿਲ ਸਕਦਾ।
6337	152	ਤੂੰ ਸਮਝਾਵਹਿ ਮੇਲਿ ਮਿਲਾਉ॥੧॥		Thoon Samajhaavehi Mael Milaao ||1||	You impart understanding, and You unite us in Your Union. ||1||	ਹੇ ਪ੍ਰਭੂ! ਜਿਸ ਨੂੰ ਤੂੰ ਆਪ ਬਖ਼ਸ਼ੇਂ, ਉਸ ਨੂੰ ਤੂੰ (ਗੁਰੂ ਦੀ ਸਿੱਖਿਆ ਵਿਚ) ਮੇਲ ਕੇ (ਆਪਣੇ ਚਰਨਾਂ ਦਾ) ਮਿਲਾਪ (ਬਖ਼ਸ਼ਦਾ ਹੈਂ) ॥੧॥
6338	152	ਨਾਮੁ ਮਿਲੈ ਚਲੈ ਮੈ ਨਾਲਿ॥		Naam Milai Chalai Mai Naal ||	I obtain the Naam, which shall go along with me in the end.	ਹੇ ਪ੍ਰਭੂ! ਮੇਰੀ ਇਹੀ ਅਰਦਾਸ ਹੈ ਕਿ ਮੈਨੂੰ ਤੇਰਾ) ਨਾਮ ਮਿਲ ਜਾਏ, (ਤੇਰਾ ਨਾਮ ਹੀ ਜਗਤ ਤੋਂ ਤੁਰਨ ਵੇਲੇ) ਮੇਰੇ ਨਾਲ ਜਾ ਸਕਦਾ ਹੈ।
6339	152	ਬਿਨੁ ਨਾਵੈ ਬਾਧੀ ਸਭ ਕਾਲਿ॥੧॥ਰਹਾਉ॥		Bin Naavai Baadhhee Sabh Kaal ||1|| Rehaao ||	Without the Name, all are held in the grip of Death. ||1||Pause||	ਤੇਰਾ ਨਾਮ ਸਿਮਰਨ ਤੋਂ ਬਿਨਾ ਸਾਰੀ ਲੁਕਾਈ ਮੌਤ ਦੇ ਸਹਮ ਵਿਚ ਜਕੜੀ ਪਈ ਹੈ ॥੧॥ ਰਹਾਉ ॥
6340	152	ਖੇਤੀ ਵਣਜੁ ਨਾਵੈ ਕੀ ਓਟ॥	(ਵਣਜੁ) ਵਪਾਰ	Khaethee Vanaj Naavai Kee Outt ||	My farming and my trading are by the Support of the Name.	(ਹੇ ਭਾਈ!) ਪਰਮਾਤਮਾ ਦੇ ਨਾਮ ਦਾ ਆਸਰਾ (ਇਸ ਤਰ੍ਹਾਂ ਲਵੋ ਜਿਸ ਤਰ੍ਹਾਂ) ਖੇਤੀ ਨੂੰ, ਵਣਜ ਨੂੰ ਆਪਣੇ ਸਰੀਰਕ ਨਿਰਬਾਹ ਦਾ ਸਹਾਰਾ ਬਣਾਂਦੇ ਹੋ।

6341	152	ਪਾਪੁ ਪੁੰਨੁ ਬੀਜ ਕੀ ਪੋਟ॥	(ਪੋਟ) ਪੋਟਲੀ	Paap Punn Beej Kee Pott ||	The seeds of sin and virtue are bound together.	(ਕੋਈ ਭੀ ਕੀਤਾ ਹੋਇਆ) ਪਾਪ ਜਾਂ ਪੁੰਨ (ਹਰੇਕ ਜੀਵ ਲਈ ਅਗਾਂਹ ਵਾਸਤੇ) ਬੀਜ ਦੀ ਪੋਟਲੀ ਬਣ ਜਾਂਦਾ ਹੈ। (ਉਹ ਚੰਗਾ ਮੰਦਾ ਕੀਤਾ ਕਰਮ ਮਨ ਦੇ ਅੰਦਰ ਸੰਸਕਾਰ-ਰੂਪ ਵਿਚ ਟਿਕ ਕੇ ਉਹੋ ਜਿਹੇ ਕਰਮ ਕਰਨ ਲਈ ਪ੍ਰੇਰਨਾ ਕਰਦਾ ਰਹਿੰਦਾ ਹੈ)।
6342	152	ਕਾਮੁ ਕ੍ਰੋਧੁ ਜੀਅ ਮਹਿ ਚੋਟ॥		Kaam Krodhh Jeea Mehi Chott ||	Sexual desire and anger are the wounds of the soul.	ਜਿਨ੍ਹਾਂ ਬੰਦਿਆਂ ਦੇ ਹਿਰਦੇ ਵਿਚ (ਪ੍ਰਭੂ ਦੇ ਨਾਮ ਦੇ ਥਾਂ) ਕਾਮ ਕ੍ਰੋਧ (ਆਦਿਕ ਵਿਕਾਰ) ਚੋਟ ਲਾਂਦਾ ਰਹਿੰਦਾ ਹੈ (ਪ੍ਰੇਰਨਾ ਕਰਦਾ ਰਹਿੰਦਾ ਹੈ),
6343	152	ਨਾਮੁ ਵਿਸਾਰਿ ਚਲੇ ਮਨਿ ਖੋਟ॥੨॥	ਚੱਲੇ	Naam Visaar Chalae Man Khott ||2||	The evil-minded ones forget the Naam, and then depart. ||2||	ਉਹ ਬੰਦੇ ਪ੍ਰਭੂ ਦਾ ਨਾਮ ਵਿਸਾਰ ਕੇ (ਇਥੋਂ) ਮਨ ਵਿਚ (ਵਿਕਾਰਾਂ ਦੀ) ਖੋਟ ਲੈ ਕੇ ਹੀ ਤੁਰ ਪੈਂਦੇ ਹਨ ॥੨॥
6344	152	ਸਾਚੇ ਗੁਰ ਕੀ ਸਾਚੀ ਸੀਖ॥	(ਸੀਖ) ਸਿੱਖਿਆ	Saachae Gur Kee Saachee Seekh ||	True are the Teachings of the True Guru.	ਜਿਨ੍ਹਾਂ ਮਨੁੱਖਾਂ ਨੂੰ ਸੱਚੇ ਸਤਿਗੁਰੂ ਦੀ ਸੱਚੀ ਸਿੱਖਿਆ ਪ੍ਰਾਪਤ ਹੁੰਦੀ ਹੈ,
6345	152	ਤਨੁ ਮਨੁ ਸੀਤਲੁ ਸਾਚੁ ਪਰੀਖ॥	(ਪਰੀਖ) ਪਰਖ	Than Man Seethal Saach Pareekh ||	The body and mind are cooled and soothed, by the touchstone of Truth.	ਉਹਨਾਂ ਦਾ ਮਨ ਸ਼ਾਂਤ ਰਹਿੰਦਾ ਹੈ ਉਹਨਾਂ ਦਾ ਸਰੀਰ ਸ਼ਾਂਤ ਰਹਿੰਦਾ ਹੈ (ਭਾਵ, ਉਹਨਾਂ ਦੇ ਗਿਆਨ-ਇੰਦ੍ਰੇ ਵਿਕਾਰਾਂ ਵਲੋਂ ਹਟੇ ਰਹਿੰਦੇ ਹਨ) ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਪਛਾਣ ਲੈਂਦੇ ਹਨ (ਸਾਂਝ ਪਾ ਲੈਂਦੇ ਹਨ)।

6346	152	ਜਲ ਪੁਰਾਇਨਿ ਰਸ ਕਮਲ ਪਰੀਖ॥	(ਪੁਰਾਇਨਿ) ਚੁਪੱਤੀ। (ਰਸ) ਪਾਣੀ। (ਪਰੀਖ) ਪਰਖਣਾ ਕਰੋ	Jal Puraaein Ras Kamal Pareekh ||	This is the true mark of wisdom: that one remains detached, like the water-lily, or the lotus upon the water.	ਜਿਵੇਂ ਪਾਣੀ ਦੀ ਚੌਪੱਤੀ, ਜਿਵੇਂ ਪਾਣੀ ਦਾ ਕੌਲ ਫੁਲ (ਪਾਣੀ ਤੋਂ ਬਿਨਾ ਜੀਉਂਦੇ ਨਹੀਂ ਰਹਿ ਸਕਦੇ, ਤਿਵੇਂ ਉਹਨਾਂ ਦੀ ਜਿੰਦ ਪ੍ਰਭੂ-ਨਾਮ ਦਾ ਵਿਛੋੜਾ ਸਹਾਰ ਨਹੀਂ ਸਕਦੀ)।
6347	152	ਸਬਦਿ ਰਤੇ ਮੀਠੇ ਰਸ ਈਖ॥੩॥	(ਈਖ) ਗੰਨਾ	Sabadh Rathae Meethae Ras Eekh ||3||	Attuned to the Word of the Shabad, one becomes sweet, like the juice of the sugar cane. ||3||	ਉਹ ਗੁਰੂ ਦੇ ਸ਼ਬਦ ਵਿਚ ਰੰਗੇ ਰਹਿੰਦੇ ਹਨ, ਉਹ ਮਿੱਠੇ ਸੁਭਾਵ ਵਾਲੇ ਹੁੰਦੇ ਹਨ, ਜਿਵੇਂ ਗੰਨੇ ਦੀ ਰਹੁ ਮਿੱਠੀ ਹੈ ॥੩॥
6348	152	ਹੁਕਮਿ ਸੰਜੋਗੀ ਗੜਿ ਦਸਦੁਆਰ॥	ਸਰੀਰ ਰੂਪੀ (ਗੜਿ) ਕਿਲਾ	Hukam Sanjogee Garr Dhas Dhuaar ||	By the Hukam of the Lord's Command, the castle of the body has ten gates.	ਪ੍ਰਭੂ ਦੇ ਹੁਕਮ ਵਿਚ ਪੂਰਬਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਇਸ ਦਸ-ਦੁਆਰੀ ਸਰੀਰ-ਕਿਲ੍ਹੇ ਵਿਚ...
6349	152	ਪੰਚ ਵਸਹਿ ਮਿਲਿ ਜੋਤਿ ਅਪਾਰ॥		Panch Vasehi Mil Joth Apaar ||	The five passions dwell there, together with the Divine Light of the Infinite.	ਸੰਤ ਜਨ ਅਪਾਰ ਪ੍ਰਭੂ ਦੇ ਜੋਤਿ ਨਾਲ ਮਿਲ ਕੇ ਵੱਸਦੇ ਹਨ।
6350	152	ਆਪਿ ਤੁਲੈ ਆਪੇ ਵਣਜਾਰ॥	ਵਣਜ ਕਰਨ ਵਾਲੇ (ਵਣਜਾਰ) ਵਣਜਾਰੇ। ਤੁਲੈ: ਪੋਲਾ ਬੋਲੋ	Aap Thulai Aapae Vanajaar ||	The Lord Himself is the merchandise, and He Himself is the trader.	(ਕਾਮ ਕ੍ਰੋਧ ਆਦਿਕ ਕੋਈ ਵਿਕਾਰ ਇਸ ਕਿਲ੍ਹੇ ਵਿਚ ਉਹਨਾਂ ਉੱਤੇ ਚੋਟ ਨਹੀਂ ਕਰਦਾ ਉਹਨਾਂ ਦੇ ਅੰਦਰ) ਪ੍ਰਭੂ ਆਪ (ਨਾਮ-ਵੱਖਰ ਬਣ ਕੇ) ਵਣਜਿਆ ਜਾ ਰਿਹਾ ਹੈ,

6351	152	ਨਾਨਕ ਨਾਮਿ ਸਵਾਰਣਹਾਰ॥੪॥੫॥		Naanak Naam Savaaranehaar ||4||5||	O Nanak, through the Naam, the Name of the Lord, we are adorned and rejuvenated. ||4||5||	ਤੇ, ਹੇ ਨਾਨਕ! (ਉਹਨਾਂ ਸੰਤ ਜਨਾਂ ਨੂੰ) ਆਪਣੇ ਨਾਮ ਵਿਚ ਜੋੜ ਕੇ (ਆਪ ਹੀ) ਉਹਨਾਂ ਦਾ ਜੀਵਨ ਸੁਚੱਜਾ ਬਣਾਂਦਾ ਹੈ ॥੪॥੫॥
6352	152	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
6353	152	ਜਾਤੋ ਜਾਇ ਕਹਾ ਤੇ ਆਵੈ॥	(ਜੱਾਤੋ) ਜਾਣਿਆ	Jaatho Jaae Kehaa Thae Aavai ||	How can we know where we came from?	(ਪਰ) ਇਹ ਕਿਵੇਂ ਸਮਝ ਆਵੇ ਕਿ (ਇਹ ਵਾਸਨਾ) ਕਿਥੋਂ ਆਉਂਦੀ ਹੈ,
6354	152	ਕਹ ਉਪਜੈ ਕਹ ਜਾਇ ਸਮਾਵੈ॥		Keh Oupajai Keh Jaae Samaavai ||	Where did we originate, and where will we go and merge?	(ਵਾਸਨਾ) ਕਿਥੋਂ ਪੈਦਾ ਹੁੰਦੀ ਹੈ, ਕਿਥੇ ਜਾ ਕੇ ਮੁੱਕ ਜਾਂਦੀ ਹੈ?
6355	152	ਕਿਉ ਬਾਧਿਓ ਕਿਉ ਮੁਕਤੀ ਪਾਵੈ॥		Kio Baadhhiou Kio Mukathee Paavai ||	How are we bound, and how do we obtain liberation?	ਮਨੁੱਖ ਕਿਵੇਂ ਇਸ ਵਾਸਨਾ ਵਿਚ ਬੱਝ ਜਾਂਦਾ ਹੈ? ਕਿਵੇਂ ਇਸ ਤੋਂ ਖ਼ਲਾਸੀ ਹਾਸਲ ਕਰਦਾ ਹੈ?
6356	152	ਕਿਉ ਅਬਿਨਾਸੀ ਸਹਜਿ ਸਮਾਵੈ॥੧॥		Kio Abinaasee Sehaj Samaavai ||1||	How do we merge with intuitive ease into the Eternal, Imperishable Lord? ||1||	(ਖ਼ਲਾਸੀ ਪਾ ਕੇ) ਕਿਵੇਂ ਅਟੱਲ ਅਡੋਲ ਅਵਸਥਾ ਵਿਚ ਟਿਕ ਜਾਂਦਾ ਹੈ? ॥੧॥
6357	152	ਨਾਮੁ ਰਿਦੈ ਅੰਮ੍ਰਿਤੁ ਮੁਖਿ ਨਾਮੁ॥		Naam Ridhai Anmrith Mukh Naam ||	With the Naam in the heart and the Ambrosial Naam on our lips,	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ-ਅੰਮ੍ਰਿਤ ਵੱਸਦਾ ਹੈ, ਜੋ ਮਨੁੱਖ ਮੂੰਹੋਂ ਪ੍ਰਭੂ ਦਾ ਨਾਮ ਉਚਾਰਦਾ ਹੈ,

6358	152	ਨਰਹਰ ਨਾਮੁ ਨਰਹਰ ਨਿਹਕਾਮੁ॥੧॥ਰਹਾਉ ॥	(ਨਰਹਰ) ਵਾਹਿਗੁਰੂ ਜੀ	Narehar Naam Narehar Nihakaam ||1|| Rehaao ||	Through the Name of the Lord, we rise above desire, like the Lord. ||1||Pause||	ਉਹ ਪ੍ਰਭੂ ਦਾ ਨਾਮ ਲੈ ਕੇ ਪ੍ਰਭੂ ਵਾਂਗ ਕਾਮਨਾ-ਰਹਿਤ (ਵਾਸਨਾ-ਰਹਿਤ) ਹੋ ਜਾਂਦਾ ਹੈ ॥੧॥ ਰਹਾਉ ॥
6359	152	ਸਹਜੇ ਆਵੈ ਸਹਜੇ ਜਾਇ॥		Sehajae Aavai Sehajae Jaae ||	With intuitive ease we come, and with intuitive ease we depart.	(ਗੁਰੂ ਦੇ ਸਨਮੁਖ ਹੋਇਆਂ ਇਹ ਸਮਝ ਆਉਂਦੀ ਹੈ ਕਿ) ਵਾਸਨਾ ਕੁਦਰਤੀ ਨਿਯਮ ਅਨੁਸਾਰ ਪੈਦਾ ਹੋ ਜਾਂਦੀ ਹੈ। ਕੁਦਰਤੀ ਨਿਯਮ ਅਨੁਸਾਰ ਹੀ ਮੁੱਕ ਜਾਂਦੀ ਹੈ।
6360	152	ਮਨ ਤੇ ਉਪਜੈ ਮਨ ਮਾਹਿ ਸਮਾਇ॥		Man Thae Oupajai Man Maahi Samaae ||	From the mind we originate, and into the mind we are absorbed.	(ਮਨਮੁਖਤਾ ਦੀ ਹਾਲਤ ਵਿਚ) ਮਨ ਤੋਂ ਪੈਦਾ ਹੁੰਦੀ ਹੈ (ਗੁਰੂ ਦੇ ਸਨਮੁਖ ਹੋਇਆਂ) ਮਨ ਵਿਚ ਹੀ ਖ਼ਤਮ ਹੋ ਜਾਂਦੀ ਹੈ।
6361	152	ਗੁਰਮੁਖਿ ਮੁਕਤੋ ਬੰਧੁ ਨ ਪਾਇ॥		Guramukh Mukatho Bandhh N Paae ||	As Gurmukh, we are liberated, and are not bound.	ਜੋ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਵਾਸਨਾ ਤੋਂ ਬਚਿਆ ਰਹਿੰਦਾ ਹੈ, ਵਾਸਨਾ (ਉਸ ਦੇ ਰਾਹ ਵਿਚ) ਬੰਨ੍ਹ ਨਹੀਂ ਮਾਰ ਸਕਦੀ।
6362	152	ਸਬਦੁ ਬੀਚਾਰਿ ਛੁਟੈ ਹਰਿ ਨਾਇ॥੨॥		Sabadh Beechaar Shhuttai Har Naae ||2||	Contemplating the Word of the Shabad, we are emancipated through the Name of the Lord. ||2||	ਗੁਰੂ ਦੇ ਸ਼ਬਦ ਨੂੰ ਵਿਚਾਰ ਕੇ ਉਹ ਮਨੁੱਖ ਪ੍ਰਭੂ ਦੇ ਨਾਮ ਦੀ ਰਾਹੀਂ ਵਾਸਨਾ (ਦੇ ਜਾਲ) ਵਿਚੋਂ ਬਚ ਜਾਂਦਾ ਹੈ ॥੨॥

6363	152	ਤਰਵਰ ਪੰਖੀ ਬਹੁ ਨਿਸਿ ਬਾਸੁ॥	(ਤਰਵਰ) ਦਰਖਤ। (ਨਿਸਿ) ਰਾਤ	Tharavar Pankhee Bahu Nis Baas ||	At night, lots of birds settle on the tree.	(ਜਿਵੇਂ) ਰਾਤ ਵੇਲੇ ਅਨੇਕਾਂ ਪੰਛੀ ਰੁੱਖਾਂ ਉੱਤੇ ਵਸੇਰਾ ਕਰ ਲੈਂਦੇ ਹਨ (ਤਿਵੇਂ ਜੀਵ ਜਗਤ ਵਿਚ ਰੈਣ-ਬਸੇਰੇ ਲਈ ਆਉਂਦੇ ਹਨ),
6364	152	ਸੁਖ ਦੁਖੀਆ ਮਨਿ ਮੋਹ ਵਿਣਾਸੁ॥		Sukh Dhukheeaa Man Moh Vinaas ||	Some are happy, and some are sad. Caught in the desires of the mind, they perish.	ਕੋਈ ਸੁਖੀ ਹਨ ਕੋਈ ਦੁਖੀ ਹਨ, ਕਈਆਂ ਦੇ ਮਨ ਵਿਚ ਮਾਇਆ ਦਾ ਮੋਹ ਬਣ ਜਾਂਦਾ ਹੈ, ਤੇ ਉਹ ਆਤਮਕ ਮੌਤ ਸਹੇੜ ਲੈਂਦੇ ਹਨ।
6365	152	ਸਾਝ ਬਿਹਾਗ ਤਕਹਿ ਆਗਾਸੁ॥	(ਸਾਝ) ਸ਼ਾਮ (ਬਿਹਾਗ) ਸਵੇਰੇ	Saajh Bihaag Thakehi Aagaas ||	And when the life-night comes to its end, then they look to the sky.	ਪੰਛੀ ਸ਼ਾਮ ਵੇਲੇ ਰੁੱਖਾਂ ਤੇ ਆ ਟਿਕਦੇ ਹਨ, ਸਵੇਰੇ ਅਕਾਸ਼ ਨੂੰ ਤੱਕਦੇ ਹਨ (ਚਾਨਣ ਵੇਖ ਕੇ) ਦਸੀਂ ਪਾਸੀਂ ਉੱਡ ਜਾਂਦੇ ਹਨ,
6366	152	ਦਹ ਦਿਸਿ ਧਾਵਹਿ ਕਰਮਿ ਲਿਖਿਆਸੁ॥੩॥		Dheh Dhis Dhhaavehi Karam Likhiaas ||3||	They fly away in all ten directions, according to their pre-ordained destiny. ||3||	ਤਿਵੇਂ ਜੀਵ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਦਸੀਂ ਪਾਸੀਂ ਭਟਕਦੇ ਫਿਰਦੇ ਹਨ ॥੩॥
6367	153	ਨਾਮੁ ਸੰਜੋਗੀ ਗੋਇਲਿ ਥਾਟੁ॥	(ਗੋਇਲਿ) ਜਿੱਥੇ ਔੜ ਸਮੇਂ ਦਰਿਆਵਾਂ ਕੰਢੇ ਲੋਕ ਥੋੜੇ ਸਮੇਂ ਲਈ ਅਪਣੇ ਡੰਗਰ ਚਾਰਨ ਜਾਂਦੇ ਹਨ। (ਥਾਟੁ) ਥਾਂ	Naam Sanjogee Goeil Thhaatt ||	Those who are committed to the Naam, see the world as merely a temporary pasture.	ਜਿਵੇਂ ਔੜ ਲੱਗਣ ਤੇ ਲੋਕ ਦਰਿਆਵਾਂ ਕੰਢੇ ਹਰਿਆਵਲੇ ਥਾਂ ਵਿਚ ਚਾਰ ਦਿਨਾਂ ਦਾ ਟਿਕਾਣਾ ਬਣਾ ਲੈਂਦੇ ਹਨ, ਤਿਵੇਂ ਪ੍ਰਭੂ ਦੇ ਨਾਮ ਨਾਲ ਸਾਂਝ ਪਾਣ ਵਾਲੇ ਬੰਦੇ ਜਗਤ ਵਿਚ ਚੰਦ-ਰੋਜ਼ਾ ਟਿਕਾਣਾ ਸਮਝਦੇ ਹਨ।

6368	153	ਕਾਮ ਕ੍ਰੋਧ ਫੂਟੈ ਬਿਖੁ ਮਾਟੁ॥	(ਮਾਟੁ) ਘੜਾ। ਫੁੱਟੈ	Kaam Krodhh Foottai Bikh Maatt ||	Sexual desire and anger are broken, like a jar of poison.	ਉਹਨਾਂ ਦੇ ਅੰਦਰੋਂ ਕਾਮ ਕ੍ਰੋਧ ਆਦਿਕ ਦਾ ਵਿਹੁਲਾ ਮਟਕਾ ਭੱਜ ਜਾਂਦਾ ਹੈ (ਭਾਵ, ਉਹਨਾਂ ਦੇ ਅੰਦਰ ਕਾਮਾਦਿਕ ਵਿਕਾਰ ਜ਼ੋਰ ਨਹੀਂ ਪਾਂਦੇ)।
6369	153	ਬਿਨੁ ਵਖਰ ਸੂਨੋ ਘਰੁ ਹਾਟੁ॥	ਵੱਖਰ	Bin Vakhar Soono Ghar Haatt ||	Without the merchandise of the Name, the house of the body and the store of the mind are empty.	ਜੋ ਮਨੁੱਖ ਨਾਮ-ਵੱਖਰ ਤੋਂ ਵਾਂਜੇ ਰਹਿੰਦੇ ਹਨ ਉਹਨਾਂ ਦਾ ਹਿਰਦਾ-ਹੱਟ ਸੱਖਣਾ ਹੁੰਦਾ ਹੈ (ਉਹਨਾਂ ਦੇ ਸੁੰਞੇ ਹਿਰਦੇ-ਘਰ ਨੂੰ, ਮਾਨੋ, ਜੰਦਰੇ ਵੱਜੇ ਰਹਿੰਦੇ ਹਨ)।
6370	153	ਗੁਰ ਮਿਲਿ ਖੋਲੇ ਬਜਰ ਕਪਾਟ॥੪॥	(ਬੱਜਰ) ਕਰੜੇ (ਕਪਾਟ) ਦਸਮਦੁਆਰ ਵਾ ਅਗਿਆਨ	Gur Mil Kholae Bajar Kapaatt ||4||	Meeting the Guru, the hard and heavy doors are opened. ||4||	ਗੁਰੂ ਨੂੰ ਮਿਲ ਕੇ ਉਹ ਕਰੜੇ ਕਵਾੜ ਖੁਲ੍ਹ ਜਾਂਦੇ ਹਨ ॥੪॥
6371	153	ਸਾਧੁ ਮਿਲੈ ਪੂਰਬ ਸੰਜੋਗ॥		Saadhh Milai Poorab Sanjog ||	One meets the Holy Saint only through perfect destiny.	ਜਿਨ੍ਹਾਂ ਮਨੁੱਖਾਂ ਨੂੰ ਪੂਰਬਲੇ ਕੀਤੇ ਕਰਮਾਂ ਦੇ ਸੰਸਕਾਰ ਉੱਘੜਨ ਤੇ ਗੁਰੂ ਮਿਲਦਾ ਹੈ,
6372	153	ਸਚਿ ਰਹਸੇ ਪੂਰੇ ਹਰਿ ਲੋਗ॥	(ਰਹ-ਸੇ) ਖਿੜੇ	Sach Rehasae Poorae Har Log ||	The Lord's perfect people rejoice in the Truth.	ਉਹ ਪੂਰੇ ਪੁਰਸ਼ ਸਦਾ-ਥਿਰ ਪ੍ਰਭੂ ਵਿਚ ਜੁੜ ਕੇ ਖਿੜੇ ਰਹਿੰਦੇ ਹਨ।
6373	153	ਮਨੁ ਤਨੁ ਦੇ ਲੈ ਸਹਜਿ ਸੁਭਾਇ॥		Man Than Dhae Lai Sehaj Subhaae ||	Surrendering their minds and bodies, they find the Lord with intuitive ease.	ਜੋ ਮਨੁੱਖ ਮਨ ਗੁਰੂ ਦੇ ਹਵਾਲੇ ਕਰ ਕੇ ਸਰੀਰ ਗੁਰੂ ਦੇ ਹਵਾਲੇ ਕਰ ਕੇ ਅਡੋਲਤਾ ਵਿਚ ਟਿਕ ਕੇ ਪ੍ਰੇਮ ਵਿਚ ਜੁੜ ਕੇ (ਨਾਮ ਦੀ ਦਾਤ ਗੁਰੂ ਤੋਂ) ਲੈਂਦੇ ਹਨ,

6374	153	ਨਾਨਕ ਤਿਨ ਕੈ ਲਾਗਉ ਪਾਇ॥੫॥੬॥		Naanak Thin Kai Laago Paae ||5||6||	Nanak falls at their feet. ||5||6||	ਹੇ ਨਾਨਕ! (ਆਖ-) ਮੈਂ ਉਹਨਾਂ ਦੀ ਚਰਨੀਂ ਲੱਗਦਾ ਹਾਂ ॥੫॥੬॥
6375	153	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
6376	153	ਕਾਮੁ ਕ੍ਰੋਧੁ ਮਾਇਆ ਮਹਿ ਚੀਤੁ॥		Kaam Krodhh Maaeiaa Mehi Cheeth ||	The conscious mind is engrossed in sexual desire, anger and Maya.	(ਮੇਰੇ ਅੰਦਰ) ਕਾਮ (ਪ੍ਰਬਲ) ਹੈ ਕ੍ਰੋਧ (ਪ੍ਰਬਲ) ਹੈ, ਮੇਰਾ ਚਿੱਤ ਮਾਇਆ ਵਿਚ (ਮਗਨ ਰਹਿੰਦਾ) ਹੈ।
6377	153	ਝੂਠ ਵਿਕਾਰਿ ਜਾਗੈ ਹਿਤ ਚੀਤੁ॥	(ਹਿਤ) ਮੋਹ	Jhooth Vikaar Jaagai Hith Cheeth ||	The conscious mind is awake only to falsehood, corruption and attachment.	ਝੂਠ ਬੋਲਣ ਦੇ ਭੈੜ ਵਿਚ ਮੇਰਾ ਹਿਤ ਜਾਗਦਾ ਹੈ ਮੇਰਾ ਚਿੱਤ ਤਤਪਰ ਹੁੰਦਾ ਹੈ।
6378	153	ਪੂੰਜੀ ਪਾਪ ਲੋਭ ਕੀ ਕੀਤੁ॥		Poonjee Paap Lobh Kee Keeth ||	It gathers in the assets of sin and greed.	ਮੈਂ ਪਾਪ ਤੇ ਲੋਭ ਦੀ ਰਾਸਿ-ਪੂੰਜੀ ਇਕੱਠੀ ਕੀਤੀ ਹੋਈ ਹੈ।
6379	153	ਤਰੁ ਤਾਰੀ ਮਨਿ ਨਾਮੁ ਸੁ ਚੀਤੁ॥੧॥	(ਦੂਜਾ ਪਾਠ: ਸੁਚੀਤੁ)	Thar Thaaree Man Naam Sucheeth ||1||	So swim across the river of life, O my mind, with the Sacred Naam, the Name of the Lord. ||1||	(ਤੇਰੀ ਮਿਹਰ ਨਾਲ ਜੇ ਮੇਰੇ) ਮਨ ਵਿਚ ਤੇਰਾ ਪਵਿਤ੍ਰ ਕਰਨ ਵਾਲਾ ਨਾਮ (ਵੱਸ ਪਏ ਤਾਂ ਇਹ ਮੇਰੇ ਲਈ) ਤੁਲਹਾ ਹੈ ਬੇੜੀ ਹੈ ॥੧॥

6380	153	ਵਾਹੁ ਵਾਹੁ ਸਾਚੇ ਮੈ ਤੇਰੀ ਟੇਕ॥		Vaahu Vaahu Saachae Mai Thaeree Ttaek ||	Waaho! Waaho! - Great! Great is my True Lord! I seek Your All-powerful Support.	ਹੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ! ਤੂੰ ਅਚਰਜ ਹੈਂ ਤੂੰ ਅਚਰਜ ਹੈਂ। (ਤੇਰੇ ਵਰਗਾ ਹੋਰ ਕੋਈ ਨਹੀਂ); (ਕਾਮ ਆਦਿਕ ਵਿਕਾਰਾਂ ਤੋਂ ਬਚਣ ਲਈ) ਮੈਨੂੰ ਸਿਰਫ਼ ਤੇਰਾ ਹੀ ਆਸਰਾ ਹੈ।
6381	153	ਹਉ ਪਾਪੀ ਤੂੰ ਨਿਰਮਲੁ ਏਕ॥੧॥ਰਹਾਉ॥		Ho Paapee Thoon Niramal Eaek ||1|| Rehaao ||	I am a sinner - You alone are pure. ||1||Pause||	ਮੈਂ ਪਾਪੀ ਹਾਂ, ਸਿਰਫ਼ ਤੂੰ ਹੀ ਪਵਿਤ੍ਰ ਕਰਨ ਦੇ ਸਮਰੱਥ ਹੈਂ ॥੧॥ ਰਹਾਉ ॥
6382	153	ਅਗਨਿ ਪਾਣੀ ਬੋਲੈ ਭੜ ਵਾਉ॥	(ਭੜ) ਭੜਕੀ ਅਗਨੀ। (ਵਾਉ) ਹਵਾ,ਤ੍ਰਿਸ਼ਨਾ	Agan Paanee Bolai Bharravaao ||	Fire and water join together, and the breath roars in its fury!	(ਜੀਵ ਦੇ ਅੰਦਰ ਕਦੇ) ਅੱਗ (ਦਾ ਜ਼ੋਰ ਪੈ ਜਾਂਦਾ) ਹੈ (ਕਦੇ) ਪਾਣੀ (ਪ੍ਰਬਲ ਹੋ ਜਾਂਦਾ) ਹੈ (ਇਸ ਵਾਸਤੇ ਇਹ) ਤੱਤਾ-ਠੰਢਾ ਬੋਲ ਬੋਲਦਾ ਰਹਿੰਦਾ ਹੈ।
6383	153	ਜਿਹਵਾ ਇੰਦ੍ਰੀ ਏਕੁ ਸੁਆਉ॥		Jihavaa Eindhree Eaek Suaao ||	The tongue and the sex organs each seek to taste.	ਜੀਭ ਆਦਿਕ ਹਰੇਕ ਇੰਦ੍ਰੀ ਨੂੰ ਆਪੋ ਆਪਣਾ ਚਸਕਾ (ਲੱਗਾ ਹੋਇਆ) ਹੈ।
6384	153	ਦਿਸਟਿ ਵਿਕਾਰੀ ਨਾਹੀ ਭਉ ਭਾਉ॥		Dhisatt Vikaaree Naahee Bho Bhaao ||	The eyes which look upon corruption do not know the Love and the Fear of God.	ਨਿਗਾਹ ਵਿਕਾਰਾਂ ਵਲ ਰਹਿੰਦੀ ਹੈ, (ਮਨ ਵਿਚ) ਨਾਹ ਡਰ ਹੈ ਨਾਹ ਪ੍ਰੇਮ ਹੈ (ਅਜੇਹੀ ਹਾਲਤ ਵਿਚ ਪ੍ਰਭੂ ਦਾ ਨਾਮ ਕਿਵੇਂ ਮਿਲੇ?)।
6385	153	ਆਪੁ ਮਾਰੇ ਤਾ ਪਾਏ ਨਾਉ॥੨॥		Aap Maarae Thaa Paaeae Naao ||2||	Conquering self-conceit, one obtains the Name. ||2||	ਜੀਵ ਆਪਾ-ਭਾਵ ਨੂੰ ਖ਼ਤਮ ਕਰੇ, ਤਾਂ ਹੀ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਸਕਦਾ ਹੈ ॥੨॥

6386	153	ਸਬਦਿ ਮਰੈ ਫਿਰਿ ਮਰਣੁ ਨ ਹੋਇ॥		Sabadh Marai Fir Maran N Hoe ||	One who dies in the Word of the Shabad, shall never again have to die.	ਜਦੋਂ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਾ-ਭਾਵ ਮੁਕਾਂਦਾ ਹੈ, ਤਾਂ ਇਸ ਨੂੰ ਆਤਮਕ ਮੌਤ ਨਹੀਂ ਹੁੰਦੀ।
6387	153	ਬਿਨੁ ਮੂਏ ਕਿਉ ਪੂਰਾ ਹੋਇ॥		Bin Mooeae Kio Pooraa Hoe ||	Without such a death, how can one attain perfection?	ਆਪਾ-ਭਾਵ ਦੇ ਖ਼ਤਮ ਹੋਣ ਤੋਂ ਬਿਨਾ ਮਨੁੱਖ ਪੂਰਨ ਨਹੀਂ ਹੋ ਸਕਦਾ (ਉਕਾਈਆਂ ਤੋਂ ਬਚ ਨਹੀਂ ਸਕਦਾ,
6388	153	ਪਰਪੰਚਿ ਵਿਆਪਿ ਰਹਿਆ ਮਨੁ ਦੋਇ॥	(ਪਰਪੰਚ) ਸੰਸਾਰ। (ਦੋਇ) ਦ੍ਵੈਤ	Parapanch Viaap Rehiaa Man Dhoe ||	The mind is engrossed in deception, treachery and duality.	ਸਗੋਂ) ਮਨ ਮਾਇਆ ਦੇ ਛਲ ਵਿਚ ਦ੍ਵੈਤ ਵਿਚ ਫਸਿਆ ਰਹਿੰਦਾ ਹੈ।
6389	153	ਥਿਰੁ ਨਾਰਾਇਣੁ ਕਰੇ ਸੁ ਹੋਇ॥੩॥		Thhir Naaraaein Karae S Hoe ||3||	Whatever the Immortal Lord does, comes to pass. ||3||	(ਜੀਵ ਦੇ ਭੀ ਕੀਹ ਵੱਸ?) ਜਿਸ ਨੂੰ ਪਰਮਾਤਮਾ ਆਪ ਅਡੋਲ-ਚਿੱਤ ਕਰਦਾ ਹੈ ਉਹੀ ਹੁੰਦਾ ਹੈ ॥੩॥
6390	153	ਬੋਹਿਥਿ ਚੜਉ ਜਾ ਆਵੈ ਵਾਰੁ॥		Bohithh Charro Jaa Aavai Vaar ||	So get aboard that boat when your turn comes.	ਮੈਂ (ਪ੍ਰਭੂ ਦੇ ਨਾਮ) ਜਹਾਜ਼ ਵਿਚ (ਤਦੋਂ ਹੀ) ਚੜ੍ਹ ਸਕਦਾ ਹਾਂ, ਜਦੋਂ (ਉਸ ਦੀ ਮਿਹਰ ਨਾਲ) ਮੈਨੂੰ ਵਾਰੀ ਮਿਲੇ।
6391	153	ਠਾਕੇ ਬੋਹਿਥ ਦਰਗਹ ਮਾਰ॥	(ਠਾਕੇ) ਰੋਕੇ	Thaakae Bohithh Dharageh Maar ||	Those who fail to embark upon that boat shall be beaten in the Court of the Lord.	ਜੇਹੜੇ ਬੰਦਿਆਂ ਨੂੰ ਨਾਮ-ਜਹਾਜ਼ ਤੇ ਚੜ੍ਹਨਾ ਨਹੀਂ ਮਿਲਦਾ, ਉਹਨਾਂ ਨੂੰ ਪ੍ਰਭੂ ਦੀ ਦਰਗਾਹ ਵਿਚ ਖ਼ੁਆਰੀ ਮਿਲਦੀ ਹੈ (ਧੱਕੇ ਪੈਂਦੇ ਹਨ, ਪ੍ਰਭੂ ਦਾ ਦੀਦਾਰ ਨਸੀਬ ਨਹੀਂ ਹੁੰਦਾ)।

6392	153	ਸਚੁ ਸਾਲਾਹੀ ਧੰਨੁ ਗੁਰ ਦੁਆਰੁ॥		Sach Saalaahee Dhann Guradhuaar ||	Blessed is that Gurdwara, the Guru's Gate, where the Praises of the True Lord are sung.	(ਅਸਲ ਗੱਲ ਇਹ ਹੈ ਕਿ) ਗੁਰੂ ਦਾ ਦਰ ਸਭ ਤੋਂ ਸ੍ਰੇਸ਼ਟ ਹੈ (ਗੁਰੂ ਦੇ ਦਰ ਤੇ ਰਹਿ ਕੇ ਹੀ) ਮੈਂ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰ ਸਕਦਾ ਹਾਂ।
6393	153	ਨਾਨਕ ਦਰਿ ਘਰਿ ਏਕੰਕਾਰੁ॥੪॥੭॥		Naanak Dhar Ghar Eaekankaar ||4||7||	O Nanak, the One Creator Lord is pervading hearth and home. ||4||7||	ਹੇ ਨਾਨਕ! (ਗੁਰੂ ਦੇ) ਦਰ ਤੇ ਰਿਹਾਂ ਹੀ ਹਿਰਦੇ ਵਿਚ ਪਰਮਾਤਮਾ ਦਾ ਦਰਸਨ ਹੁੰਦਾ ਹੈ ॥੪॥੭॥
6394	153	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
6395	153	ਉਲਟਿਓ ਕਮਲੁ ਬ੍ਰਹਮੁ ਬੀਚਾਰਿ॥		Oulattiou Kamal Breham Beechaar ||	The inverted heart-lotus has been turned upright, through reflective meditation on God.	ਪਰਮਾਤਮਾ ਦੀ ਸਿਫ਼ਤ-ਸਾਲਾਹ ਵਿਚ ਚਿੱਤ ਜੋੜਿਆਂ ਹਿਰਦਾ-ਕਮਲ ਮਾਇਆ ਦੇ ਮੋਹ ਵਲੋਂ ਹਟ ਜਾਂਦਾ ਹੈ,
6396	153	ਅੰਮ੍ਰਿਤਧਾਰ ਗਗਨਿ ਦਸਦੁਆਰਿ॥	(ਦਸਦੁਆਰਿ) ਦਸਵੇਂਦੁਆਰ	Anmrith Dhhaar Gagan Dhas Dhuaar ||	From the Sky of the Tenth Gate, the Ambrosial Nectar trickles down.	ਦਿਮਾਗ਼ ਵਿਚ ਭੀ (ਸਿਫ਼ਤ-ਸਾਲਾਹ ਦੀ ਬਰਕਤ ਨਾਲ) ਨਾਮ-ਅੰਮ੍ਰਿਤ ਦੀ ਵਰਖਾ ਹੁੰਦੀ ਹੈ (ਤੇ ਮਾਇਆ ਵਾਲੇ ਝੰਬੇਲਿਆਂ ਦੀ ਅਸ਼ਾਂਤੀ ਮਿੱਟ ਕੇ ਠੰਢ ਪੈਂਦੀ ਹੈ)।
6397	153	ਤ੍ਰਿਭਵਣੁ ਬੇਧਿਆ ਆਪਿ ਮੁਰਾਰਿ॥੧॥	(ਤ੍ਰਿਭਵਣੁ) ਸੰਸਾਰ। (ਮੁਰਾਰਿ) ਵਾਹਿਗੁਰੂ ਜੀ	Thribhavan Baedhhiaa Aap Muraar ||1||	The Lord Himself is pervading the three worlds. ||1||	(ਫਿਰ ਦਿਲ ਨੂੰ ਭੀ ਤੇ ਦਿਮਾਗ਼ ਨੂੰ ਭੀ ਇਹ ਯਕੀਨ ਹੋ ਜਾਂਦਾ ਹੈ ਕਿ) ਪ੍ਰਭੂ ਆਪ ਸਾਰੇ ਜਗਤ (ਦੇ ਜ਼ੱਰੇ ਜ਼ੱਰੇ) ਵਿਚ ਮੌਜੂਦ ਹੈ ॥੧॥

6398	153	ਰੇ ਮਨ ਮੇਰੇ ਭਰਮੁ ਨ ਕੀਜੈ॥		Rae Man Maerae Bharam N Keejai ||	O my mind, do not give in to doubt.	ਹੇ ਮੇਰੇ ਮਨ! (ਮਾਇਆ ਦੀ ਖ਼ਾਤਰ) ਭਟਕਣ ਛੱਡ ਦੇ (ਅਤੇ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਜੁੜ)।
6399	153	ਮਨਿ ਮਾਨਿਐ ਅੰਮ੍ਰਿਤ ਰਸੁ ਪੀਜੈ॥੧॥ਰਹਾਉ॥		Man Maaniai Anmrith Ras Peejai ||1|| Rehaao ||	When the mind surrenders to the Name, it drinks in the essence of Ambrosial Nectar. ||1||Pause||	(ਹੇ ਭਾਈ!) ਜਦੋਂ ਮਨ ਨੂੰ ਪਰਮਾਤਮਾ ਦੀ ਸਿਫ਼ਤ-ਸਾਲਾਹ ਚੰਗੀ ਲੱਗਣ ਲੱਗ ਪੈਂਦੀ ਹੈ, ਤਦੋਂ ਇਹ ਸਿਫ਼ਤ-ਸਾਲਾਹ ਦਾ ਸੁਆਦ ਮਾਣਨ ਲੱਗ ਪੈਂਦਾ ਹੈ ॥੧॥ ਰਹਾਉ ॥
6400	153	ਜਨਮੁ ਜੀਤਿ ਮਰਣਿ ਮਨੁ ਮਾਨਿਆ॥		Janam Jeeth Maran Man Maaniaa ||	So win the game of life; let your mind surrender and accept death.	(ਸਿਫ਼ਤ-ਸਾਲਾਹ ਵਿਚ ਜੁੜਿਆਂ) ਜਨਮ-ਮਨੋਰਥ ਪ੍ਰਾਪਤ ਕਰ ਕੇ ਮਨ ਨੂੰ ਸੁਆਰਥ ਦਾ ਮੁੱਕ ਜਾਣਾ ਪਸੰਦ ਆ ਜਾਂਦਾ ਹੈ।
6401	153	ਆਪਿ ਮੂਆ ਮਨੁ ਮਨ ਤੇ ਜਾਨਿਆ॥		Aap Mooaa Man Man Thae Jaaniaa ||	When the self dies, the individual mind comes to know the Supreme Mind.	ਇਸ ਗੱਲ ਦੀ ਸੂਝ ਮਨ ਅੰਦਰੋਂ ਹੀ ਪੈ ਜਾਂਦੀ ਹੈ ਕਿ ਆਪਾ-ਭਾਵ ਮੁੱਕ ਗਿਆ ਹੈ।
6402	153	ਨਜਰਿ ਭਈ ਘਰੁ ਘਰ ਤੇ ਜਾਨਿਆ॥੨॥	(ਘਰ) ਗੁਰੂਘਰ ਸਾਧਸੰਗਤ ਜੀ ਤੇ(ਘਰੁ) ਰਾਮ ਜੀ ਜਾਨਣਾ ਕੀਤੇ	Najar Bhee Ghar Ghar Thae Jaaniaa ||2||	As the inner vision is awakened, one comes to know one's own home, deep within the self. ||2||	ਜਦੋਂ ਪ੍ਰਭੂ ਦੀ ਮਿਹਰ ਦੀ ਨਜ਼ਰ ਹੁੰਦੀ ਹੈ ਤਾਂ ਹਿਰਦੇ ਵਿਚ ਹੀ ਇਹ ਅਨੁਭਵ ਹੋ ਜਾਂਦਾ ਹੈ ਕਿ ਸੁਰਤ ਪ੍ਰਭੂ-ਚਰਨਾਂ ਵਿਚ ਜੁੜੀ ਹੋਈ ਹੈ ॥੨॥

6403	153	ਜਤੁ ਸਤੁ ਤੀਰਥੁ ਮਜਨੁ ਨਾਮਿ॥		Jath Sath Theerathh Majan Naam ||	The Naam, the Name of the Lord, is austerity, chastity and cleansing baths at sacred shrines of pilgrimage.	ਪਰਮਾਤਮਾ ਦੇ ਨਾਮ ਵਿਚ ਜੁੜਨਾ ਹੀ ਜਤ ਸਤ ਤੇ ਤੀਰਥ-ਇਸ਼ਨਾਨ (ਦਾ ਉੱਦਮ) ਹੈ।
6404	153	ਅਧਿਕ ਬਿਥਾਰੁ ਕਰਉ ਕਿਸੁ ਕਾਮਿ॥	(ਅਧਿਕ) ਬਹੁਤੇ ਭੈੜੇ ਕਰਮਾਂਦਾ। (ਬਿਥਾਰੁ) ਵਿਸਥਾਰ ਕਰਦੇ ਹੋਂ। (ਕਾਮਿ) ਕਿਸ ਕੰਮ ਹੈ?	Adhhik Bithhaar Karo Kis Kaam ||	What good are ostentatious displays?	ਮੈਂ (ਜਤ ਸਤ ਆਦਿਕ ਵਾਲਾ) ਬਹੁਤਾ ਖਿਲਾਰਾ ਖਿਲਾਰਾਂ ਭੀ ਕਿਉਂ? (ਇਹ ਸਾਰੇ ਉੱਦਮ ਤਾਂ ਲੋਕ-ਵਿਖਾਵੇ ਦੇ ਹੀ ਹਨ,
6405	153	ਨਰ ਨਾਰਾਇਣ ਅੰਤਰਜਾਮਿ॥੩॥		Nar Naaraaein Antharajaam ||3||	The All-pervading Lord is the Inner-knower, the Searcher of hearts. ||3||	(ਤੇ) ਪਰਮਾਤਮਾ ਹਰੇਕ ਦੇ ਦਿਲ ਦੀ ਜਾਣਦਾ ਹੈ ॥੩॥
6406	153	ਆਨ ਮਨਉ ਤਉ ਪਰ ਘਰ ਜਾਉ॥		Aan Mano Tho Par Ghar Jaao ||	If I had faith in someone else, then I would go to that one's house.	(ਮਾਇਆ ਵਾਲੀ ਭਟਕਣਾ ਮੁਕਾਣ ਵਾਸਤੇ ਪ੍ਰਭੂ-ਦਰ ਤੋਂ ਬਿਨਾ ਹੋਰ ਕੋਈ ਥਾਂ ਨਹੀਂ ਹੋਰ ਕੋਈ ਆਸਰਾ ਨਹੀਂ, ਸੋ) ਮੈਂ ਤਦੋਂ ਹੀ ਕਿਸੇ ਹੋਰ ਥਾਂ ਜਾਵਾਂ ਜੇ ਮੈਂ (ਪ੍ਰਭੂ ਤੋਂ ਬਿਨਾ) ਕੋਈ ਹੋਰ ਥਾਂ ਮੰਨ ਹੀ ਲਵਾਂ।
6407	153	ਕਿਸੁ ਜਾਚਉ ਨਾਹੀ ਕੋ ਥਾਉ॥		Kis Jaacho Naahee Ko Thhaao ||	But where should I go, to beg? There is no other place for me.	ਕੋਈ ਹੋਰ ਥਾਂ ਹੀ ਨਹੀਂ, ਮੈਂ ਕਿਸ ਪਾਸੋਂ ਇਹ ਮੰਗ ਮੰਗਾਂ (ਕਿ ਮੇਰਾ ਮਨ ਭਟਕਣੋਂ ਹਟ ਜਾਏ)?

6408	153	ਨਾਨਕ ਗੁਰਮਤਿ ਸਹਜਿ ਸਮਾਉ॥੪॥੮॥		Naanak Guramath Sehaj Samaao ||4||8||	O Nanak, through the Guru's Teachings, I am intuitively absorbed in the Lord. ||4||8||	ਹੇ ਨਾਨਕ! (ਮੈਨੂੰ ਯਕੀਨ ਹੈ ਕਿ ਗੁਰੂ ਦਾ ਉਪਦੇਸ਼ ਹਿਰਦੇ ਵਿਚ ਵਸਾ ਕੇ ਉਸ ਆਤਮਕ ਅਵਸਥਾ ਵਿਚ ਲੀਨ ਰਹਿ ਸਕੀਦਾ ਹੈ (ਜਿਥੇ ਮਾਇਆ ਵਾਲੀ ਭਟਕਣਾ ਦੀ ਅਣਹੋਂਦ ਹੈ) ਜਿਥੇ ਅਡੋਲਤਾ ਹੈ ॥੪॥੮॥
6409	153	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
6410	153	ਸਤਿਗੁਰੁ ਮਿਲੈ ਸੁਮਰਣੁ ਦਿਖਾਏ॥	(ਸੁ-ਮਰਣੁ) (ਸੁ) ਸ੍ਰੇਸ਼ਟ (ਮਰਣੁ) ਮਰਨ। (ਦੂਜਾ ਪਾਠ: ਸੁ ਮਰਣੁ)	Sathigur Milai S Maran Dhikhaaeae ||	Meeting the True Guru, we are shown the way to die.	ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਉਸ ਨੂੰ ਉਹ ਮੌਤ ਵਿਖਾ ਦੇਂਦਾ ਹੈ (ਵਿਕਾਰਾਂ ਵਲੋਂ ਉਹ ਮੌਤ ਉਸ ਦੇ ਜੀਵਨ-ਤਜਰਬੇ ਵਿਚ ਲਿਆ ਦੇਂਦਾ ਹੈ),
6411	153	ਮਰਣ ਰਹਣ ਰਸੁ ਅੰਤਰਿ ਭਾਏ॥	(ਰਹਣ) ਰਹਤ	Maran Rehan Ras Anthar Bhaaeae ||	Remaining alive in this death brings joy deep within.	ਜਿਸ ਮੌਤ ਦਾ ਆਨੰਦ (ਤੇ ਉਸ ਤੋਂ ਪੈਦਾ ਹੋਏ) ਸਦੀਵੀ ਆਤਮਕ ਜੀਵਨ ਦਾ ਆਨੰਦ ਉਸ ਮਨੁੱਖ ਨੂੰ ਆਪਣੇ ਹਿਰਦੇ ਵਿਚ ਪਿਆਰਾ ਲੱਗਣ ਪੈਂਦਾ ਹੈ।
6412	153	ਗਰਬੁ ਨਿਵਾਰਿ ਗਗਨਪੁਰੁ ਪਾਏ॥੧॥	(ਗਗਨਪੁਰੁ)ਪੂਰਨਬ੍ਰਹਮ ਚ	Garab Nivaar Gagan Pur Paaeae ||1||	Overcoming egotistical pride, the Tenth Gate is found. ||1||	ਉਹ ਮਨੁੱਖ (ਸਰੀਰ ਆਦਿਕ ਦਾ) ਅਹੰਕਾਰ ਦੂਰ ਕਰ ਕੇ ਉਹ ਆਤਮਕ ਅਵਸਥਾ ਪ੍ਰਾਪਤ ਕਰ ਲੈਂਦਾ ਹੈ ਜਿੱਥੇ ਸੁਰਤ ਉੱਚੀਆਂ ਉਡਾਰੀਆਂ ਲਾਂਦੀ ਰਹੇ ॥੧॥

6413	153	ਮਰਣੁ ਲਿਖਾਇ ਆਏ ਨਹੀ ਰਹਣਾ॥		Maran Likhaae Aaeae Nehee Rehanaa ||	Death is pre-ordained - no one who comes can remain here.	(ਹੇ ਭਾਈ! ਸਾਰੇ ਜੀਵ ਸਰੀਰਕ) ਮੌਤ-ਰੂਪ ਹੁਕਮ (ਪ੍ਰਭੂ ਦੀ ਹਜ਼ੂਰੀ ਵਿਚੋਂ) ਲਿਖਾ ਕੇ ਜੰਮਦੇ ਹਨ (ਭਾਵ, ਇਹੀ ਰੱਬੀ ਨਿਯਮ ਹੈ ਕਿ ਜੋ ਜੰਮਦਾ ਹੈ ਉਸ ਨੇ ਮਰਨਾ ਭੀ ਜ਼ਰੂਰ ਹੈ)। ਸੋ, ਇਥੇ ਸਰੀਰਕ ਤੌਰ ਤੇ ਕਿਸੇ ਨੇ ਸਦਾ ਨਹੀਂ ਟਿਕੇ ਰਹਿਣਾ।
6414	153	ਹਰਿ ਜਪਿ ਜਾਪਿ ਰਹਣੁ ਹਰਿ ਸਰਣਾ॥੧॥ਰਹਾਉ॥		Har Jap Jaap Rehan Har Saranaa ||1|| Rehaao ||	So chant and meditate on the Lord, and remain in the Sanctuary of the Lord. ||1||Pause||	(ਹਾਂ) ਪ੍ਰਭੂ ਦੀ ਸਿਫ਼ਤ-ਸਾਲਾਹ ਕਰ ਕੇ, ਪ੍ਰਭੂ ਦੀ ਸਰਨ ਵਿਚ ਰਹਿ ਕੇ ਸਦੀਵੀ ਆਤਮਕ ਜੀਵਨ ਮਿਲ ਜਾਂਦਾ ਹੈ ॥੧॥ ਰਹਾਉ ॥
6415	153	ਸਤਿਗੁਰੁ ਮਿਲੈ ਤ ਦੁਬਿਧਾ ਭਾਗੈ॥		Sathigur Milai Th Dhubidhhaa Bhaagai ||	Meeting the True Guru, duality is dispelled.	ਜੇ ਸਤਿਗੁਰੂ ਮਿਲ ਪਏ, ਤਾਂ ਮਨੁੱਖ ਦੀ ਦੁਬਿਧਾ ਦੂਰ ਹੋ ਜਾਂਦੀ ਹੈ।
6416	153	ਕਮਲੁ ਬਿਗਾਸਿ ਮਨੁ ਹਰਿ ਪ੍ਰਭ ਲਾਗੈ॥		Kamal Bigaas Man Har Prabh Laagai ||	The heart-lotus blossoms forth, and the mind is attached to the Lord God.	ਹਿਰਦੇ ਦਾ ਕੌਲ-ਫੁੱਲ ਖਿੜ ਕੇ ਉਸ ਦਾ ਮਨ ਪ੍ਰਭੂ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ।
6417	153	ਜੀਵਤੁ ਮਰੈ ਮਹਾ ਰਸੁ ਆਗੈ॥੨॥		Jeevath Marai Mehaa Ras Aagai ||2||	One who remains dead while yet alive obtains the greatest happiness hereafter. ||2||	ਮਨੁੱਖ ਦੁਨੀਆ ਦੀ ਕਿਰਤ-ਕਾਰ ਕਰਦਾ ਹੀ ਮਾਇਆ ਦੇ ਮੋਹ ਤੋਂ ਉੱਚਾ ਰਹਿੰਦਾ ਹੈ, ਉਸ ਨੂੰ ਪਰਤੱਖ ਤੌਰ ਤੇ ਪਰਮਾਤਮਾ ਦੇ ਸਿਮਰਨ ਦਾ ਮਹਾ ਆਨੰਦ ਅਨੁਭਵ ਹੁੰਦਾ ਹੈ ॥੨॥

6418	153	ਸਤਿਗੁਰਿ ਮਿਲਿਐ ਸਚ ਸੰਜਮਿ ਸੂਚਾ॥		Sathigur Miliai Sach Sanjam Soochaa ||	Meeting the True Guru, one becomes truthful, chaste and pure.	ਜੇ ਗੁਰੂ ਮਿਲ ਪਏ, ਤਾਂ ਮਨੁੱਖ ਸਿਮਰਨ ਦੀ ਜੁਗਤਿ ਵਿਚ ਰਹਿ ਕੇ ਪਵਿਤ੍ਰ-ਆਤਮਾ ਹੋ ਜਾਂਦਾ ਹੈ।
6419	153	ਗੁਰ ਕੀ ਪਉੜੀ ਊਚੋ ਊਚਾ॥		Gur Kee Pourree Oocho Oochaa ||	Climbing up the steps of the Guru's Path, one becomes the highest of the high.	ਗੁਰੂ ਦੀ ਦੱਸੀ ਹੋਈ ਸਿਮਰਨ ਦੀ ਪੌੜੀ ਦਾ ਆਸਰਾ ਲੈ ਕੇ (ਆਤਮਕ ਜੀਵਨ ਵਿਚ) ਉੱਚਾ ਹੀ ਉੱਚਾ ਹੁੰਦਾ ਜਾਂਦਾ ਹੈ।
6420	153	ਕਰਮਿ ਮਿਲੈ ਜਮ ਕਾ ਭਉ ਮੂਚਾ॥੩॥	(ਭਉ)ਡਰ। (ਮੂਚਾ) ਕੱਟਿਆ ਗਿਆ	Karam Milai Jam Kaa Bho Moochaa ||3||	When the Lord grants His Mercy, the fear of death is conquered. ||3||	(ਪਰ ਇਹ ਸਿਮਰਨ ਪ੍ਰਭੂ ਦੀ) ਮਿਹਰ ਨਾਲ ਮਿਲਦਾ ਹੈ, (ਜਿਸ ਨੂੰ ਮਿਲਦਾ ਹੈ ਉਸ ਦਾ) ਮੌਤ ਦਾ ਡਰ ਲਹਿ ਜਾਂਦਾ ਹੈ ॥੩॥
6421	153	ਗੁਰਿ ਮਿਲਿਐ ਮਿਲਿ ਅੰਕਿ ਸਮਾਇਆ॥	(ਅੰਕਿ) ਸਰੂਪ ਚ, ਹਿਰਦੇ ਚ	Gur Miliai Mil Ank Samaaeiaa ||	Uniting in Guru's Union, we are absorbed in His Loving Embrace.	ਜੇ ਗੁਰੂ ਮਿਲ ਪਏ ਤਾਂ ਮਨੁੱਖ ਪ੍ਰਭੂ ਦੀ ਯਾਦ ਵਿਚ ਜੁੜ ਕੇ ਪ੍ਰਭੂ ਦੇ ਚਰਨਾਂ ਵਿਚ ਲੀਨ ਹੋਇਆ ਰਹਿੰਦਾ ਹੈ।
6422	153	ਕਰਿ ਕਿਰਪਾ ਘਰੁ ਮਹਲੁ ਦਿਖਾਇਆ॥		Kar Kirapaa Ghar Mehal Dhikhaaeiaa ||	Granting His Grace, He reveals the Mansion of His Presence, within the home of the self.	ਗੁਰੂ ਮਿਹਰ ਕਰ ਕੇ ਉਸ ਨੂੰ ਉਹ ਆਤਮਕ ਅਵਸਥਾ ਵਿਖਾ ਦੇਂਦਾ ਹੈ ਜਿੱਥੇ ਪ੍ਰਭੂ ਦਾ ਮਿਲਾਪ ਹੋਇਆ ਰਹੇ।

6423	153	ਨਾਨਕ ਹਉਮੈ ਮਾਰਿ ਮਿਲਾਇਆ॥੪॥੯॥		Naanak Houmai Maar Milaaeiaa ||4||9||	O Nanak, conquering egotism, we are absorbed into the Lord. ||4||9||	ਹੇ ਨਾਨਕ! ਉਸ ਮਨੁੱਖ ਦੀ ਹਉਮੈ ਦੂਰ ਕਰ ਕੇ ਗੁਰੂ ਉਸ ਨੂੰ ਪ੍ਰਭੂ ਨਾਲ ਇਕ-ਮਿਕ ਕਰ ਦੇਂਦਾ ਹੈ ॥੪॥੯॥
6424	154	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
6425	154	ਕਿਰਤੁ ਪਇਆ ਨਹ ਮੇਟੈ ਕੋਇ॥		Kirath Paeiaa Neh Maettai Koe ||	Past actions cannot be erased.	ਜਨਮਾਂ ਜਨਮਾਂਤਰਾਂ ਦੇ ਕੀਤੇ ਕੰਮਾਂ ਦੇ ਸੰਸਕਾਰਾਂ ਦਾ ਸਮੂਹ ਜੋ ਮਨ ਵਿਚ ਇਕੱਠਾ ਹੋਇਆ ਪਿਆ ਹੈ (ਕਰਮਾਂ ਦੀ ਰਾਹੀਂ) ਕੋਈ ਮਨੁੱਖ ਮਿਟਾ ਨਹੀਂ ਸਕਦਾ।
6426	154	ਕਿਆ ਜਾਣਾ ਕਿਆ ਆਗੈ ਹੋਇ॥		Kiaa Jaanaa Kiaa Aagai Hoe ||	What do we know of what will happen hereafter?	(ਇਸੇ ਤਰ੍ਹਾਂ ਅਗਾਂਹ ਲਈ ਭੀ ਕਰਮ-ਧਰਮ ਤੋਂ ਚੰਗੇ ਨਤੀਜੇ ਦੀ ਆਸ ਵਿਅਰਥ ਹੈ) ਕੋਈ ਸਮਝ ਨਹੀਂ ਸਕਦਾ ਕਿ ਆਉਣ ਵਾਲੇ ਜੀਵਨ-ਸਮੇ ਵਿਚ ਕੀਹ ਵਾਪਰੇਗਾ।
6427	154	ਜੋ ਤਿਸੁ ਭਾਣਾ ਸੋਈ ਹੂਆ॥		Jo This Bhaanaa Soee Hooaa ||	Whatever pleases Him shall come to pass.	(ਕਰਮਾਂ ਦਾ ਆਸਰਾ ਛੱਡੋ, ਪ੍ਰਭੂ ਦੀ ਰਜ਼ਾ ਵਿਚ ਤੁਰਨਾ ਸਿੱਖੋ) ਜਗਤ ਵਿਚ ਜੋ ਕੁਝ ਹੋ ਰਿਹਾ ਹੈ ਪਰਮਾਤਮਾ ਦੀ ਰਜ਼ਾ ਵਿਚ ਹੋ ਰਿਹਾ ਹੈ,
6428	154	ਅਵਰੁ ਨ ਕਰਣੈ ਵਾਲਾ ਦੂਆ॥੧॥		Avar N Karanai Vaalaa Dhooaa ||1||	There is no other Doer except Him. ||1||	ਪ੍ਰਭੂ ਤੋਂ ਬਿਨਾ ਹੋਰ ਕੋਈ ਕੁਝ ਕਰਨ ਵਾਲਾ ਨਹੀਂ ਹੈ (ਉਸੇ ਦੀ ਭਗਤੀ ਕਰੋ) ॥੧॥

6429	154	ਨਾ ਜਾਣਾ ਕਰਮ ਕੇਵਡ ਤੇਰੀ ਦਾਤਿ॥		Naa Jaanaa Karam Kaevadd Thaeree Dhaath ||	I do not know about karma, or how great Your gifts are.	ਮੈਂ ਆਪਣੇ ਕੀਤੇ ਕਰਮਾਂ ਦੀ ਠੀਕ ਕੀਮਤ ਨਹੀਂ ਜਾਣਦਾ (ਮੈਂ ਇਹਨਾਂ ਨੂੰ ਬਹੁਤ ਮਹੱਤਤਾ ਦੇਂਦਾ ਹਾਂ), (ਦੂਜੇ ਪਾਸੇ, ਹੇ ਪ੍ਰਭੂ!) ਤੇਰੀਆਂ ਬੇਅੰਤ ਦਾਤਾਂ ਮੈਨੂੰ ਮਿਲ ਰਹੀਆਂ ਹਨ ਉਹਨਾਂ ਨੂੰ ਭੀ ਮੈਂ ਨਹੀਂ ਸਮਝ ਸਕਦਾ (ਇਹ ਖ਼ਿਆਲ ਕਰਨਾ ਮੇਰੀ ਭਾਰੀ ਭੁੱਲ ਹੈ ਕਿ ਮੇਰੇ ਕੀਤੇ ਕਰਮਾਂ ਅਨੁਸਾਰ ਮੈਨੂੰ ਮਿਲ ਰਿਹਾ ਹੈ। ਇਹ ਤਾਂ ਤੇਰੀ ਨਿਰੋਲ ਮਿਹਰ ਹੈ ਮਿਹਰ)।
6430	154	ਕਰਮੁ ਧਰਮੁ ਤੇਰੇ ਨਾਮ ਕੀ ਜਾਤਿ॥੧॥ਰਹਾਉ॥		Karam Dhharam Thaerae Naam Kee Jaath ||1|| Rehaao ||	The karma of actions, the Dharma of righteousness, social class and status, are contained within Your Name. ||1||Pause||	ਤੇਰਾ ਨਾਮ ਹੀ ਮੇਰੀ ਜਾਤਿ ਹੈ, ਤੇਰਾ ਨਾਮ ਹੀ ਮੇਰਾ ਕਰਮ-ਧਰਮ ਹੈ (ਮੈਨੂੰ ਤੇਰੇ ਨਾਮ ਦੀ ਹੀ ਓਟ ਹੈ। ਨਾਹ ਮਾਣ ਹੈ ਕਿਸੇ ਕੀਤੇ ਕਰਮ-ਧਰਮ ਦਾ, ਨਾਹ ਕਿਸੇ ਉੱਚੀ ਜਾਤਿ ਦਾ) ॥੧॥ ਰਹਾਉ ॥
6431	154	ਤੂੰ ਏਵਡੁ ਦਾਤਾ ਦੇਵਣਹਾਰੁ॥		Thoo Eaevadd Dhaathaa Dhaevanehaar ||	You are So Great, O Giver, O Great Giver!	ਹੇ ਪ੍ਰਭੂ! ਤੂੰ ਦਾਤਾਂ ਦੇਣ ਵਾਲਾ ਇਤਨਾ ਵੱਡਾ ਦਾਤਾ ਹੈਂ (ਭਗਤੀ ਦੀ ਦਾਤ ਭੀ ਤੂੰ ਆਪ ਹੀ ਦੇਂਦਾ ਹੈਂ),
6432	154	ਤੋਟਿ ਨਾਹੀ ਤੁਧੁ ਭਗਤਿ ਭੰਡਾਰ॥		Thott Naahee Thudhh Bhagath Bhanddaar ||	The treasure of Your devotional worship is never exhausted.	ਤੇਰੇ ਖ਼ਜ਼ਾਨਿਆਂ ਵਿਚ ਭਗਤੀ (ਦੀ ਦਾਤਿ) ਦੀ ਕੋਈ ਘਾਟ ਨਹੀਂ ਹੈ।

6433	154	ਕੀਆ ਗਰਬੁ ਨ ਆਵੈ ਰਾਸਿ॥	(ਗਰਬੁ) ਹੰਕਾਰ। (ਰਾਸਿ) ਦਰੁਸਤ	Keeaa Garab N Aavai Raas ||	One who takes pride in himself shall never be right.	(ਆਪਣੇ ਕਿਸੇ ਚੰਗੇ ਆਚਰਨ ਬਾਰੇ ਮਨੁੱਖ ਦਾ) ਕੀਤਾ ਹੋਇਆ ਅਹੰਕਾਰ ਕੁਝ ਸਵਾਰ ਨਹੀਂ ਸਕਦਾ, ਮਨੁੱਖ ਦੀ ਜਿੰਦ ਤੇ ਸਰੀਰ ਸਭ ਕੁਝ ਤੇਰੇ ਹੀ ਆਸਰੇ ਹੈ।
6434	154	ਜੀਉ ਪਿੰਡੁ ਸਭੁ ਤੇਰੈ ਪਾਸਿ॥੨॥		Jeeo Pindd Sabh Thaerai Paas ||2||	The soul and body are all at Your disposal. ||2||	(ਜਿਵੇਂ ਤੂੰ ਸਰੀਰ ਦੀ ਪਰਵਰਿਸ਼ ਲਈ ਰੋਜ਼ੀ ਦੇਂਦਾ ਹੈਂ, ਤਿਵੇਂ ਜਿੰਦ ਨੂੰ ਭੀ ਭਗਤੀ ਦੀ ਖ਼ੁਰਾਕ ਦੇਣ ਵਾਲਾ ਤੂੰ ਹੀ ਹੈਂ) ॥੨॥
6435	154	ਤੂੰ ਮਾਰਿ ਜੀਵਾਲਹਿ ਬਖਸਿ ਮਿਲਾਇ॥		Thoo Maar Jeevaalehi Bakhas Milaae ||	You kill and rejuvenate. You forgive and merge us into Yourself.	(ਹੇ ਪ੍ਰਭੂ!) ਤੂੰ ਆਪ ਹੀ ਮੈਨੂੰ ਗੁਰੂ ਦੀ ਮਤਿ ਦੇ ਕੇ, ਮੇਰੇ ਉੱਤੇ ਮਿਹਰ ਕਰ ਕੇ ਮੈਨੂੰ ਆਪਣੇ ਚਰਨਾਂ ਵਿਚ ਜੋੜ ਕੇ, ਮੇਰਾ ਆਪਾ-ਭਾਵ ਮਾਰ ਕੇ,
6436	154	ਜਿਉ ਭਾਵੀ ਤਿਉ ਨਾਮੁ ਜਪਾਇ॥		Jio Bhaavee Thio Naam Japaae ||	As it pleases You, You inspire us to chant Your Name.	ਤੇ ਜਿਵੇਂ ਤੈਨੂੰ ਭਾਉਂਦਾ ਹੈ ਮੈਨੂੰ ਆਪਣਾ ਨਾਮ ਜਪਾ ਕੇ ਮੈਨੂੰ ਆਤਮਕ ਜੀਵਨ ਦੇਂਦਾ ਹੈਂ।
6437	154	ਤੂੰ ਦਾਨਾ ਬੀਨਾ ਸਾਚਾ ਸਿਰਿ ਮੇਰੈ॥	(ਦਾਨਾ)ਅੰਤਰਜਾਮੀ। ਸਭ ਨੂੰ (ਬੀਨਾ) ਵੇਖਣ ਪਾਲਣ ਸੰਭਾਲਣ ਵਾਲੇ	Thoon Dhaanaa Beenaa Saachaa Sir Maerai ||	You are All-knowing, All-seeing and True, O my Supreme Lord.	ਤੂੰ ਮੇਰੇ ਦਿਲ ਦੀ ਜਾਣਦਾ ਹੈਂ, ਤੂੰ (ਮੇਰੀ ਹਾਲਤ) ਵੇਖਦਾ ਹੈਂ, ਤੂੰ ਮੇਰੇ ਸਿਰ ਉੱਤੇ (ਰਾਖਾ) ਹੈਂ।
6438	154	ਗੁਰਮਤਿ ਦੇਇ ਭਰੋਸੈ ਤੇਰੈ॥੩॥		Guramath Dhaee Bharosai Thaerai ||3||	Please, bless me with the Guru's Teachings; my faith is in You alone. ||3||	ਮੈਂ ਸਦਾ ਤੇਰੇ ਹੀ ਆਸਰੇ ਹਾਂ (ਮੈਨੂੰ ਆਪਣੇ ਕਿਸੇ ਕਰਮਾਂ ਦਾ ਆਸਰਾ ਨਹੀਂ ਹੈ) ॥੩॥

6439	154	ਤਨ ਮਹਿ ਮੈਲੁ ਨਾਹੀ ਮਨੁ ਰਾਤਾ॥		Than Mehi Mail Naahee Man Raathaa ||	One whose mind is attuned to the Lord, has no pollution in his body.	(ਹੇ ਪ੍ਰਭੂ!) ਜਿਨ੍ਹਾਂ ਦਾ ਮਨ (ਤੇਰੇ ਪਿਆਰ ਵਿਚ) ਰੰਗਿਆ ਹੋਇਆ ਹੈ, ਉਹਨਾਂ ਦੇ ਸਰੀਰ ਵਿਚ ਵਿਕਾਰਾਂ ਦੀ ਮੈਲ ਨਹੀਂ।
6440	154	ਗੁਰ ਬਚਨੀ ਸਚੁ ਸਬਦਿ ਪਛਾਤਾ॥		Gur Bachanee Sach Sabadh Pashhaathaa ||	Through the Guru's Word, the True Shabad is realized.	ਗੁਰੂ ਦੇ ਬਚਨਾਂ ਉੱਤੇ ਤੁਰ ਕੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹਨਾਂ ਨੇ ਤੈਨੂੰ ਸਦਾ ਕਾਇਮ ਰਹਿਣ ਵਾਲੇ ਨੂੰ ਪਛਾਣ ਲਿਆ ਹੈ (ਤੇਰੇ ਨਾਲ ਸਾਂਝ ਪਾ ਲਈ ਹੈ)।
6441	154	ਤੇਰਾ ਤਾਣੁ ਨਾਮ ਕੀ ਵਡਿਆਈ॥		Thaeraa Thaan Naam Kee Vaddiaaee ||	All Power is Yours, through the greatness of Your Name.	(ਕਰਮਾਂ ਦਾ ਆਸਰਾ ਲੈਣ ਦੇ ਥਾਂ) ਉਹਨਾਂ ਨੂੰ ਤੇਰੇ ਨਾਮ ਦਾ ਹੀ ਆਸਰਾ ਹੈ, ਉਹ ਸਦਾ ਤੇਰੇ ਨਾਮ ਦੀ ਵਡਿਆਈ ਕਰਦੇ ਹਨ।
6442	154	ਨਾਨਕ ਰਹਣਾ ਭਗਤਿ ਸਰਣਾਈ॥੪॥੧੦॥		Naanak Rehanaa Bhagath Saranaaee ||4||10||	Nanak abides in the Sanctuary of Your devotees. ||4||10||	ਹੇ ਨਾਨਕ! (ਆਖ-) ਉਹ ਮਨੁੱਖ ਪ੍ਰਭੂ ਦੀ ਭਗਤੀ ਵਿਚ ਰੱਤੇ ਰਹਿੰਦੇ ਹਨ, ਉਹ ਪ੍ਰਭੂ ਦੀ ਸਰਨ ਰਹਿੰਦੇ ਹਨ ॥੪॥੧੦॥
6443	154	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	

6444	154	ਜਿਨਿ ਅਕਥੁ ਕਹਾਇਆ ਅਪਿਓ ਪੀਆਇਆ॥	(ਅਪਿਓ) ਅੰਮ੍ਰਿਤ ਹੋਰਨਾਂ ਨੂੰ ਪੀਆਇਆ, ਅ-ਕਥੁ: ਪੋਲਾ ਬੋਲੋ	Jin Akathh Kehaaeiaa Apiou Peeaaeiaa ||	Those who speak the Unspoken, drink in the Nectar.	(ਗੁਰੂ ਦੇ ਸ਼ਬਦ ਵਿਚ ਜੁੜ ਕੇ) ਜਿਸ ਮਨੁੱਖ ਨੇ ਅਕੱਥ ਪ੍ਰਭੂ ਨੂੰ (ਆਪ ਸਿਮਰਿਆ ਹੈ ਤੇ) ਹੋਰਨਾਂ ਨੂੰ ਸਿਮਰਨ ਲਈ ਪ੍ਰੇਰਿਆ ਹੈ ਉਸ ਨੇ ਆਪ ਨਾਮ-ਅੰਮ੍ਰਿਤ ਪੀਤਾ ਹੈ ਤੇ ਹੋਰਨਾਂ ਨੂੰ ਪਿਲਾਇਆ ਹੈ।
6445	154	ਅਨ ਭੈ ਵਿਸਰੇ ਨਾਮਿ ਸਮਾਇਆ॥੧॥	(ਅਨ) ਹੋਰ	An Bhai Visarae Naam Samaaeiaa ||1||	Other fears are forgotten, and they are absorbed into the Naam, the Name of the Lord. ||1||	ਉਸ ਨੂੰ (ਦੁਨੀਆ ਵਾਲੇ) ਹੋਰ ਸਾਰੇ ਸਹਮ ਭੁੱਲ ਜਾਂਦੇ ਹਨ ਕਿਉਂਕਿ ਉਹ (ਸਦਾ ਪ੍ਰਭੂ ਦੇ) ਨਾਮ ਵਿਚ ਲੀਨ ਰਹਿੰਦਾ ਹੈ ॥੧॥
6446	154	ਕਿਆ ਡਰੀਐ ਡਰੁ ਡਰਹਿ ਸਮਾਨਾ॥		Kiaa Ddareeai Ddar Ddarehi Samaanaa ||	Why should we fear, when fear is dispelled by the Fear of God?	ਉਹ (ਦੁਨੀਆ ਦੇ ਝੰਬੇਲਿਆਂ ਵਿਚ) ਸਹਮਦਾ ਨਹੀਂ, ਉਸ ਦਾ (ਦੁਨੀਆ ਵਾਲਾ) ਸਹਮ (ਪਰਮਾਤਮਾ ਵਾਸਤੇ ਉਸ ਦੇ ਹਿਰਦੇ ਵਿਚ ਟਿਕੇ ਹੋਏ) ਡਰ-ਅਦਬ ਵਿਚ ਮੁੱਕ ਜਾਂਦਾ ਹੈ,
6447	154	ਪੂਰੇ ਗੁਰ ਕੈ ਸਬਦਿ ਪਛਾਨਾ॥੧॥ਰਹਾਉ॥		Poorae Gur Kai Sabadh Pashhaanaa ||1|| Rehaao ||	Through the Shabad, the Word of the Perfect Guru, I recognize God. ||1||Pause||	ਜਿਸ ਮਨੁੱਖ ਨੇ ਪੂਰੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਨਾਲ ਜਾਣ-ਪਛਾਣ ਪਾ ਲਈ ॥੧॥ ਰਹਾਉ ॥
6448	154	ਜਿਸੁ ਨਰ ਰਾਮੁ ਰਿਦੈ ਹਰਿ ਰਾਸਿ॥		Jis Nar Raam Ridhai Har Raas ||	Those whose hearts are filled with the Lord's essence are blessed and acclaimed,	ਜਿਸ ਮਨੁੱਖ ਦੇ ਹਿਰਦੇ ਵਿਚ ਹਰੀ ਪਰਮਾਤਮਾ ਦਾ ਨਾਮ ਰਾਸ-ਪੂੰਜੀ ਹੈ,

6449	154	ਸਹਜਿ ਸੁਭਾਇ ਮਿਲੇ ਸਾਬਾਸਿ॥੨॥		Sehaj Subhaae Milae Saabaas ||2||	And intuitively absorbed into the Lord. ||2||	ਉਹ (ਮਾਇਆ ਦੀ ਖ਼ਾਤਰ ਨਹੀਂ ਡੋਲਦਾ, ਉਹ) ਅਡੋਲ ਅਵਸਥਾ ਵਿਚ ਟਿਕਿਆ ਰਹਿੰਦਾ ਹੈ, ਉਹ ਪ੍ਰਭੂ ਦੇ ਪਿਆਰ ਵਿਚ ਜੁੜਿਆ ਰਹਿੰਦਾ ਹੈ, ਉਸ ਨੂੰ (ਪ੍ਰਭੂ ਦੇ ਦਰ ਤੋਂ) ਆਦਰ ਮਿਲਦਾ ਹੈ ॥੨॥
6450	154	ਜਾਹਿ ਸਵਾਰੈ ਸਾਝ ਬਿਆਲ॥	(ਸਾਝ) ਸ਼ਾਮ। (ਬਿਆਲ) ਸਵੇਰ। (ਸਵਾਰੈ) ਸੁੱਤੇ	Jaahi Savaarai Saajh Biaal ||	Those whom the Lord puts to sleep, evening and morning	(ਪਰ) ਜਿਨ੍ਹਾਂ ਮਨੁੱਖਾਂ ਨੂੰ ਪ੍ਰਭੂ ਹਰ ਵੇਲੇ (ਸਵੇਰ ਸ਼ਾਮ) ਮਾਇਆ ਦੀ ਨੀਂਦ ਵਿਚ ਹੀ ਸੁੱਤੇ ਰੱਖਦਾ ਹੈ,
6451	154	ਇਤ ਉਤ ਮਨਮੁਖ ਬਾਧੇ ਕਾਲ॥੩॥	ਇਤ, ਉਤ: ਦਰਮਿਆਨੇ ਉਚਾਰੋ	Eith Outh Manamukh Baadhhae Kaal ||3||	- those self-willed manmukhs are bound and gagged by Death, here and hereafter. ||3||	ਉਹ ਸਦਾ ਆਪਣੇ ਮਨ ਦੇ ਪਿਛੇ ਤੁਰਨ ਵਾਲੇ ਮਨੁੱਖ ਲੋਕ ਪਰਲੋਕ ਵਿਚ ਹੀ ਮੌਤ ਦੇ ਸਹਮ ਨਾਲ ਬੱਝੇ ਰਹਿੰਦੇ ਹਨ (ਜਿਤਨਾ ਚਿਰ ਇਥੇ ਹਨ ਮੌਤ ਦਾ ਸਹਮ ਉਹਨਾਂ ਦੇ ਸਿਰ ਉਤੇ ਸਵਾਰ ਰਹਿੰਦਾ ਹੈ, ਇਸ ਤੋਂ ਪਿਛੋਂ ਭੀ ਜਨਮ ਮਰਨ ਦੇ ਗੇੜ ਵਿਚ ਧੱਕੇ ਖਾਂਦੇ ਹਨ) ॥੩॥
6452	154	ਅਹਿ ਨਿਸਿ ਰਾਮੁ ਰਿਦੈ ਸੇ ਪੂਰੇ॥		Ahinis Raam Ridhai Sae Poorae ||	Those whose hearts are filled with the Lord, day and night, are perfect.	ਹੇ ਨਾਨਕ! ਜਿਨ੍ਹਾਂ ਦੇ ਹਿਰਦੇ ਵਿਚ ਦਿਨ ਰਾਤ (ਹਰ ਵੇਲੇ) ਪਰਮਾਤਮਾ ਵੱਸਦਾ ਹੈ, ਉਹ ਪੂਰਨ ਮਨੁੱਖ ਹਨ (ਉਹ ਡੋਲਦੇ ਨਹੀਂ)।

6453	154	ਨਾਨਕ ਰਾਮ ਮਿਲੇ ਭ੍ਰਮ ਦੂਰੇ॥੪॥੧੧॥		Naanak Raam Milae Bhram Dhoorae ||4||11||	O Nanak, they merge into the Lord, and their doubts are cast away. ||4||11||	ਜਿਨ੍ਹਾਂ ਨੂੰ ਪਰਮਾਤਮਾ ਮਿਲ ਪਿਆ, ਉਹਨਾਂ ਦੀਆਂ ਸਭ ਭਟਕਣਾਂ ਮੁੱਕ ਜਾਂਦੀਆਂ ਹਨ ॥੪॥੧੧॥
6454	154	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
6455	154	ਜਨਮਿ ਮਰੈ ਤ੍ਰੈ ਗੁਣ ਹਿਤਕਾਰੁ॥	(ਤ੍ਰੈ ਗੁਣ) ਤਿੰਨ ਗੁਣ ਰਜੋ ਤਮੋ ਸਤੋ। (ਹਿਤਕਾਰੁ) ਪ੍ਰੇਮ	Janam Marai Thrai Gun Hithakaar ||	One who loves the three qualities is subject to birth and death.	ਚਾਰੇ ਵੇਦ ਜਿਸ ਤ੍ਰੈਗੁਣੀ ਸੰਸਾਰ ਦਾ ਜ਼ਿਕਰ ਕਰਦੇ ਹਨ (ਜੋ ਮਨੁੱਖ ਪ੍ਰਭੂ-ਭਗਤੀ ਤੋਂ ਸੱਖਣਾ ਹੈ ਤੇ) ਉਸੇ ਤ੍ਰੈਗੁਣੀ ਸੰਸਾਰ ਨਾਲ ਹੀ ਹਿਤ ਕਰਦਾ ਹੈ,
6456	154	ਚਾਰੇ ਬੇਦ ਕਥਹਿ ਆਕਾਰੁ॥		Chaarae Baedh Kathhehi Aakaar ||	The four Vedas speak only of the visible forms.	ਉਹ ਜੰਮਦਾ ਮਰਦਾ ਰਹਿੰਦਾ ਹੈ (ਉਹ ਜਨਮ ਮਰਨ ਦੀ ਘੁੰਮਣਘੇਰੀ ਵਿਚ ਪਿਆ ਰਹਿੰਦਾ ਹੈ)।
6457	154	ਤੀਨਿ ਅਵਸਥਾ ਕਹਹਿ ਵਖਿਆਨੁ॥		Theen Avasathhaa Kehehi Vakhiaan ||	They describe and explain the three states of mind,	(ਅਜਿਹੇ ਮਨੁੱਖ) ਜੋ ਭੀ ਵਿਆਖਿਆ ਕਰਦੇ ਹਨ ਮਨ ਦੀਆਂ ਤਿੰਨਾਂ ਅਵਸਥਾ ਦਾ ਹੀ ਜ਼ਿਕਰ ਕਰਦੇ ਹਨ।
6458	154	ਤੁਰੀਆਵਸਥਾ ਸਤਿਗੁਰ ਤੇ ਹਰਿ ਜਾਨੁ॥੧॥	(ਤੁਰੀਆ-ਵਸਥਾ) ਤਿੰਨਾਂ ਗੁਣਾਂ ਤੋਂ ਨਿਰਲੇਪ ਰਹਿਤ ਅਵਸਥਾ	Thureeaavasathha a Sathigur Thae Har Jaan ||1||	But the fourth state, union with the Lord, is known only through the True Guru. ||1||	(ਜਿਸ ਅਵਸਥਾ ਵਿਚ ਜੀਵਾਤਮਾ ਪਰਮਾਤਮਾ ਨਾਲ ਇੱਕ-ਰੂਪ ਹੋ ਜਾਂਦਾ ਹੈ ਉਹ ਬਿਆਨ ਨਹੀਂ ਕੀਤੀ ਜਾ ਸਕਦੀ)। ਗੁਰੂ ਦੀ ਸਰਨ ਪੈ ਕੇ ਪਰਮਾਤਮਾ ਨਾਲ ਡੂੰਘੀ ਜਾਣ-ਪਛਾਣ ਪਾ ਲਵੋ-ਇਹ ਹੈ ਤੁਰੀਆ ਅਵਸਥਾ ॥੧॥

6459	154	ਰਾਮ ਭਗਤਿ ਗੁਰ ਸੇਵਾ ਤਰਣਾ॥		Raam Bhagath Gur Saevaa Tharanaa ||	Through devotional worship of the Lord, and service to the Guru, one swims across.	(ਜਨਮ ਮਰਨ ਦਾ ਗੇੜ, ਮਾਨੋ, ਇਕ ਘੁੰਮਣਘੇਰੀ ਹੈ, ਇਸ ਵਿਚੋਂ) ਪਰਮਾਤਮਾ ਦੀ ਭਗਤੀ ਅਤੇ ਗੁਰੂ ਦੀ ਦੱਸੀ ਹੋਈ ਕਾਰ ਕਰ ਕੇ ਪਾਰ ਲੰਘ ਜਾਈਦਾ ਹੈ,
6460	154	ਬਾਹੁੜਿ ਜਨਮੁ ਨ ਹੋਇ ਹੈ ਮਰਣਾ॥੧॥ਰਹਾਉ॥	(ਬਾਹੁੜਿ) ਫਿਰ	Baahurr Janam N Hoe Hai Maranaa ||1|| Rehaao ||	Then, one is not born again, and is not subject to death. ||1||Pause||	(ਜੇਹੜਾ ਲੰਘ ਜਾਂਦਾ ਹੈ ਉਸ ਨੂੰ) ਮੁੜ ਨਾਹ ਜਨਮ ਹੁੰਦਾ ਹੈ ਨਾਹ ਮੌਤ। (ਉਸ ਅਵਸਥਾ ਨੂੰ ਤੁਰੀਆ ਅਵਸਥਾ ਕਹਿ ਲਵੋ) ॥੧॥ ਰਹਾਉ ॥
6461	154	ਚਾਰਿ ਪਦਾਰਥ ਕਹੈ ਸਭੁ ਕੋਈ॥	(ਚਾਰਿ ਪਦਾਰਥ) ਧਰਮ ਅਰਥ ਕਾਮ ਮੋਖ	Chaar Padhaarathh Kehai Sabh Koee ||	Everyone speaks of the four great blessings;	ਹਰੇਕ ਜੀਵ ਧਰਮ ਅਰਥ ਕਾਮ ਮੋਖ (ਮੁਕਤੀ) ਇਹਨਾਂ ਚਾਰ ਪਦਾਰਥਾਂ ਦਾ ਜ਼ਿਕਰ ਤਾਂ ਕਰਦਾ ਹੈ,
6462	154	ਸਿੰਮ੍ਰਿਤਿ ਸਾਸਤ ਪੰਡਿਤ ਮੁਖਿ ਸੋਈ॥	ਸਿੰਮ੍ਰਿਤਿ	Sinmrith Saasath Panddith Mukh Soee ||	The Simritees, the Shaastras and the Pandits speak of them as well.	ਸਿੰਮ੍ਰਿਤੀਆਂ ਸ਼ਾਸਤ੍ਰਾਂ ਦੇ ਪੰਡਿਤਾਂ ਦੇ ਮੂੰਹੋਂ ਭੀ ਇਹੀ ਸੁਣੀਦਾ ਹੈ,
6463	154	ਬਿਨੁ ਗੁਰ ਅਰਥੁ ਬੀਚਾਰੁ ਨ ਪਾਇਆ॥	(ਅਰਥੁ) ਸਿਧਾਂਤ	Bin Gur Arathh Beechaar N Paaeiaa ||	But without the Guru, they do not understand their true significance.	ਪਰ ਮੁਕਤਿ ਪਦਾਰਥ ਕੀਹ ਹੈ (ਉਹ ਅਵਸਥਾ ਕਿਹੋ ਜੇਹੀ ਹੈ ਜਿਥੇ ਜੀਵ ਤਿੰਨਾਂ ਗੁਣਾਂ ਦੇ ਪ੍ਰਭਾਵ ਤੋਂ ਨਿਰਲੇਪ ਹੋ ਜਾਂਦਾ ਹੈ) ਗੁਰੂ ਦੀ ਸਰਨ ਪੈਣ ਤੋਂ ਬਿਨਾ ਇਸ ਦਾ ਅਨੁਭਵ ਨਹੀਂ ਹੋ ਸਕਦਾ।

6464	154	ਮੁਕਤਿ ਪਦਾਰਥੁ ਭਗਤਿ ਹਰਿ ਪਾਇਆ॥੨॥		Mukath Padhaarathh Bhagath Har Paaeiaa ||2||	The treasure of liberation is obtained through devotional worship of the Lord. ||2||	ਇਹ ਪਦਾਰਥ ਪਰਮਾਤਮਾ ਦੀ ਭਗਤੀ ਕੀਤਿਆਂ ਮਿਲਦਾ ਹੈ ॥੨॥
6465	154	ਜਾ ਕੈ ਹਿਰਦੈ ਵਸਿਆ ਹਰਿ ਸੋਈ॥		Jaa Kai Hiradhai Vasiaa Har Soee ||	Those, within whose hearts the Lord dwells,	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ,
6466	154	ਗੁਰਮੁਖਿ ਭਗਤਿ ਪਰਾਪਤਿ ਹੋਈ॥		Guramukh Bhagath Paraapath Hoee ||	Become Gurmukh; they receive the blessings of devotional worship.	ਉਸ ਨੂੰ ਭਗਤੀ ਦੀ ਪ੍ਰਾਪਤੀ ਹੋ ਗਈ, ਤੇ ਇਹ ਭਗਤੀ ਗੁਰੂ ਦੀ ਰਾਹੀਂ ਹੀ ਮਿਲਦੀ ਹੈ।
6467	154	ਹਰਿ ਕੀ ਭਗਤਿ ਮੁਕਤਿ ਆਨੰਦੁ॥		Har Kee Bhagath Mukath Aanandh ||	Through devotional worship of the Lord, liberation and bliss are obtained.	ਪਰਮਾਤਮਾ ਦੀ ਭਗਤੀ ਦੀ ਰਾਹੀਂ ਹੀ ਮੁਕਤੀ ਪਦਾਰਥ ਦਾ ਆਨੰਦ ਮਾਣੀਦਾ ਹੈ,
6468	154	ਗੁਰਮਤਿ ਪਾਏ ਪਰਮਾਨੰਦੁ॥੩॥		Guramath Paaeae Paramaanandh ||3||	Through the Guru's Teachings, supreme ecstasy is obtained. ||3||	ਇਹ ਉੱਚੇ ਤੋਂ ਉੱਚਾ ਆਨੰਦ ਗੁਰੂ ਦੀ ਸਿੱਖਿਆ ਤੇ ਤੁਰਿਆਂ ਮਿਲਦਾ ਹੈ ॥੩॥
6469	154	ਜਿਨਿ ਪਾਇਆ ਗੁਰਿ ਦੇਖਿ ਦਿਖਾਇਆ॥		Jin Paaeiaa Gur Dhaekh Dhikhaaeiaa ||	One who meets the Guru, beholds Him, and inspires others to behold Him as well.	ਜਿਸ ਮਨੁੱਖ ਨੇ ਮੁਕਤੀ ਦਾ ਆਨੰਦ ਹਾਸਲ ਕਰ ਲਿਆ, ਗੁਰੂ ਨੇ ਪ੍ਰਭੂ ਆਪ ਵੇਖ ਕੇ ਜਿਸ ਮਨੁੱਖ ਨੂੰ ਵਿਖਾ ਦਿੱਤਾ,

6470	154	ਆਸਾ ਮਾਹਿ ਨਿਰਾਸੁ ਬੁਝਾਇਆ॥	ਬੁੱਝਾਇਆ	Aasaa Maahi Niraas Bujhaaeiaa ||	In the midst of hope, the Guru teaches us to live above hope and desire.	ਉਸ ਨੂੰ ਦੁਨੀਆ ਦੀਆਂ ਆਸਾਂ ਦੇ ਅੰਦਰ ਰਹਿੰਦੀਆਂ ਹੀ ਆਸਾਂ ਤੋਂ ਉਪਰਾਮ ਰਹਿਣ ਦੀ ਜਾਚ ਗੁਰੂ ਸਿਖਾ ਦੇਂਦਾ ਹੈ।
6471	154	ਦੀਨਾ ਨਾਥੁ ਸਰਬ ਸੁਖਦਾਤਾ॥		Dheenaa Naathh Sarab Sukhadhaathaa ||	He is the Master of the meek, the Giver of peace to all.	ਸਰਬ-ਸੁਖ-ਦਾਤਾ ਦੀਨਾਨਾਥ (ਜਿਸ ਨੂੰ ਗੁਰੂ ਨੇ ਦਿਖਾ ਦਿੱਤਾ ਹੈ)
6472	154	ਨਾਨਕ ਹਰਿ ਚਰਣੀ ਮਨੁ ਰਾਤਾ॥੪॥੧੨॥		Naanak Har Charanee Man Raathaa ||4||12||	Nanak's mind is imbued with the Lotus Feet of the Lord. ||4||12||	ਹੇ ਨਾਨਕ! ਉਸ ਮਨੁੱਖ ਦਾ ਮਨ ਪ੍ਰਭੂ-ਚਰਨਾਂ (ਦੇ ਪਿਆਰ) ਵਿਚ ਰੰਗਿਆ ਰਹਿੰਦਾ ਹੈ ॥੪॥੧੨॥
6473	154	ਗਉੜੀ ਚੇਤੀ ਮਹਲਾ ੧॥		Gourree Chaethee Mehalaa 1 ||	Gauree Chaytee, First Mehl:	
6474	154	ਅੰਮ੍ਰਿਤ ਕਾਇਆ ਰਹੈ ਸੁਖਾਲੀ ਬਾਜੀ ਇਹੁ ਸੰਸਾਰੋ॥		Anmrith Kaaeiaa Rehai Sukhaalee Baajee Eihu Sansaaro ||	With your nectar-like body, you live in comfort, but this world is just a passing drama.	ਇਹ ਸਰੀਰ ਆਪਣੇ ਆਪ ਨੂੰ ਅਮਰ ਜਾਣ ਕੇ ਸੁਖ ਮਾਣਨ ਵਿਚ ਹੀ ਲੱਗਾ ਰਹਿੰਦਾ ਹੈ, (ਇਹ ਨਹੀਂ ਸਮਝਦਾ ਕਿ) ਇਹ ਜਗਤ (ਇਕ) ਖੇਡ (ਹੀ) ਹੈ।
6475	154	ਲਬੁ ਲੋਭੁ ਮੁਚੁ ਕੂੜੁ ਕਮਾਵਹਿ ਬਹੁਤੁ ਉਠਾਵਹਿ ਭਾਰੋ॥		Lab Lobh Much Koorr Kamaavehi Bahuth Outhaavehi Bhaaro ||	You practice greed, avarice and great falsehood, and you carry such a heavy burden.	ਹੇ ਮੇਰੇ ਸਰੀਰ! ਤੂੰ ਲੱਬ ਲੋਭ ਕਰ ਰਿਹਾ ਹੈਂ ਤੂੰ ਬਹੁਤ ਕੂੜ ਕਮਾ ਰਿਹਾ ਹੈਂ (ਵਿਅਰਥ ਦੌੜ-ਭੱਜ ਹੀ ਕਰ ਰਿਹਾ ਹੈਂ), ਤੂੰ (ਆਪਣੇ ਉੱਤੇ ਲੱਬ ਲੋਭ ਕੂੜ ਆਦਿਕ ਦੇ ਅਸਰ ਹੇਠ ਕੀਤੇ ਮਾੜੇ ਕੰਮਾਂ ਦਾ) ਭਾਰ ਚੁਕਦਾ ਜਾ ਰਿਹਾ ਹੈਂ।

6476	154	ਤੂੰ ਕਾਇਆ ਮੈ ਰੁਲਦੀ ਦੇਖੀ ਜਿਉ ਧਰ ਊਪਰਿ ਛਾਰੋ॥੧॥	(ਛਾਰੋ) ਸੁਆਹ	Thoon Kaaeiaa Mai Ruladhee Dhaekhee Jio Dhhar Oupar Shhaaro ||1||	O body, I have seen you blowing away like dust on the earth. ||1||	ਹੇ ਮੇਰੇ ਸਰੀਰ! ਮੈਂ ਤੇਰੇ ਵਰਗੇ ਇਉਂ ਰੁਲਦੇ ਵੇਖੇ ਹਨ ਜਿਵੇਂ ਧਰਤੀ ਉਤੇ ਸੁਆਹ ॥੧॥
6477	154	ਸੁਣਿ ਸੁਣਿ ਸਿਖ ਹਮਾਰੀ॥	(ਸਿੱਖ) ਸਿੱਖਿਆ	Sun Sun Sikh Hamaaree ||	Listen - listen to my advice!	ਹੇ ਮੇਰੀ ਜਿੰਦੇ! ਮੇਰੀ ਸਿੱਖਿਆ ਧਿਆਨ ਨਾਲ ਸੁਣ।
6478	154	ਸੁਕ੍ਰਿਤੁ ਕੀਤਾ ਰਹਸੀ ਮੇਰੇ ਜੀਅੜੇ ਬਹੁੜਿ ਨ ਆਵੈ ਵਾਰੀ॥੧॥ਰਹਾਉ॥	ਗੁਰਸੇਵਾ ਪਰਉਪਕਾਰ ਦੇ (ਸੁ-ਕ੍ਰਿਤੁ) ਸ੍ਰੇਸ਼ਟ ਕੰਮ। ਇਸ ਲੋਕ ਚ ਤੇ ਪ੍ਰਲੋਕ ਚ ਨਾਲ (ਰਹਸੀ) ਰਹੇਗਾ। (ਬਹੁੜਿ) ਫਿਰ। ਰਹਸੀ :ਪੋਲਾ ਬੋਲੋ ਮਿਲਵਾਂ	Sukirath Keethaa Rehasee Maerae Jeearrae Bahurr N Aavai Vaaree ||1|| Rehaao ||	Only the good deeds which you have done shall remain with you, O my soul. This opportunity shall not come again! ||1||Pause||	ਕੀਤੀ ਹੋਈ ਨੇਕ ਕਮਾਈ ਹੀ ਤੇਰੇ ਨਾਲ ਨਿਭੇਗੀ। (ਜੇ ਇਹ ਮਨੁੱਖਾ ਜਨਮ ਗਵਾ ਲਿਆ), ਤਾਂ ਮੁੜ (ਛੇਤੀ) ਵਾਰੀ ਨਹੀਂ ਮਿਲੇਗੀ ॥੧॥ ਰਹਾਉ ॥
6479	155	ਹਉ ਤੁਧੁ ਆਖਾ ਮੇਰੀ ਕਾਇਆ ਤੂੰ ਸੁਣਿ ਸਿਖ ਹਮਾਰੀ॥	(ਕਾਇਆ) ਦੇਹ। ਸਿੱਖ	Ho Thudhh Aakhaa Maeree Kaaeiaa Thoon Sun Sikh Hamaaree ||	I say to you, O my body: listen to my advice!	ਹੇ ਮੇਰੇ ਸਰੀਰ! ਮੈਂ ਤੈਨੂੰ ਸਮਝਾਂਦਾ ਹਾਂ, ਮੇਰੀ ਨਸੀਹਤ ਸੁਣ।
6480	155	ਨਿੰਦਾ ਚਿੰਦਾ ਕਰਹਿ ਪਰਾਈ ਝੂਠੀ ਲਾਇਤਬਾਰੀ॥	(ਚਿੰਦਾ)ਉਸਤਤ। (ਲਾਇਤਬਾਰੀ) ਚੁਗਲੀ	Nindhaa Chindhaa Karehi Paraaee Jhoothee Laaeithabaaree ||	You slander, and then praise others; you indulge in lies and gossip.	ਤੂੰ ਪਰਾਈ ਨਿੰਦਿਆ ਦਾ ਧਿਆਨ ਰੱਖਦਾ ਹੈਂ, ਤੂੰ (ਹੋਰਨਾਂ ਦੀ) ਝੂਠੀ ਚੁਗ਼ਲੀ ਕਰਦਾ ਰਹਿੰਦਾ ਹੈਂ।

6481	155	ਵੇਲਿ ਪਰਾਈ ਜੋਹਹਿ ਜੀਅੜੇ ਕਰਹਿ ਚੋਰੀ ਬੁਰਿਆਰੀ॥	(ਵੇਲਿ) ਇਸਤ੍ਰੀ। (ਜੋਹਹਿ) ਤੱਕਦਾ	Vael Paraaee Johehi Jeearrae Karehi Choree Buriaaree ||	You gaze upon the wives of others, O my soul; you steal and commit evil deeds.	ਹੇ ਜੀਵ! ਤੂੰ ਪਰਾਈ ਇਸਤ੍ਰੀ ਨੂੰ (ਭੈੜੀ ਨਿਗਾਹ ਨਾਲ) ਤੱਕਦਾ ਹੈਂ, ਤੂੰ ਚੋਰੀਆਂ ਕਰਦਾ ਹੈਂ, ਹੋਰ ਬੁਰਾਈਆਂ ਕਰਦਾ ਹੈਂ।
6482	155	ਹੰਸੁ ਚਲਿਆ ਤੂੰ ਪਿਛੈ ਰਹੀਏਹਿ ਛੁਟੜਿ ਹੋਈਅਹਿ ਨਾਰੀ॥੨॥	(ਹੰਸੁ) ਜੀਵ। ਰਹੀ-ਏਹਿ। ਛੁੱਟੜਿ। ਹੋਈ-ਅਹਿ	Hans Chaliaa Thoon Pishhai Reheeeaehi Shhuttarr Hoeeahi Naaree ||2||	But when the swan departs, you shall remain behind, like an abandoned woman. ||2||	ਹੇ ਮੇਰੀ ਕਾਇਆਂ! ਜਦੋਂ ਜੀਵਾਤਮਾ ਤੁਰ ਜਾਇਗਾ, ਤੂੰ ਇਥੇ ਹੀ ਰਹਿ ਜਾਇੰਗੀ, ਤੂੰ (ਤਦੋਂ) ਛੁੱਟੜ ਇਸਤ੍ਰੀ ਵਾਂਗ ਹੋ ਜਾਇੰਗੀ ॥੨॥
6483	155	ਤੂੰ ਕਾਇਆ ਰਹੀਅਹਿ ਸੁਪਨੰਤਰਿ ਤੁਧੁ ਕਿਆ ਕਰਮ ਕਮਾਇਆ॥	(ਸੁਪ-ਨੰਤਰਿ) ਸੁਪਨ ਸੰਸਾਰ ਚ । ਰਹੀ-ਅਹਿ	Thoon Kaaeiaa Reheeahi Supananthar Thudhh Kiaa Karam Kamaaeiaa ||	O body, you are living in a dream! What good deeds have you done?	ਹੇ ਮੇਰੇ ਸਰੀਰ! ਤੂੰ (ਮਾਇਆ ਦੀ) ਨੀਂਦ ਵਿਚ ਹੀ ਸੁੱਤਾ ਰਿਹਾ (ਤੈਨੂੰ ਸਮਝ ਹੀ ਨ ਆਈ ਕਿ) ਤੂੰ ਕੀਹ ਕਰਤੂਤਾਂ ਕਰਦਾ ਰਿਹਾ।
6484	155	ਕਰਿ ਚੋਰੀ ਮੈ ਜਾ ਕਿਛੁ ਲੀਆ ਤਾ ਮਨਿ ਭਲਾ ਭਾਇਆ॥		Kar Choree Mai Jaa Kishh Leeaa Thaa Man Bhalaa Bhaaeiaa ||	When I stole something by deception, then my mind was pleased.	ਚੋਰੀ ਆਦਿਕ ਕਰ ਕੇ ਜੋ ਮਾਲ-ਧਨ ਮੈਂ ਲਿਆਉਂਦਾ ਰਿਹਾ, ਤੈਨੂੰ ਉਹ ਮਨ ਵਿਚ ਪਸੰਦ ਆਉਂਦਾ ਰਿਹਾ।

6485	155	ਹਲਤਿ ਨ ਸੋਭਾ ਪਲਤਿ ਨ ਢੋਈ ਅਹਿਲਾ ਜਨਮੁ ਗਵਾਇਆ॥੩॥	(ਹਲਤਿ) ਇਸ ਲੋਕ ਚ, (ਪਲਤਿ) ਪ੍ਰਲੋਕ ਚ। (ਅਹਿਲਾ) ਦੁਲੱਭ	Halath N Sobhaa Palath N Dtoee Ahilaa Janam Gavaaeiaa ||3||	I have no honor in this world, and I shall find no shelter in the world hereafter. My life has been lost, wasted in vain! ||3||	(ਇਸ ਤਰ੍ਹਾਂ) ਨਾਹ ਇਸ ਲੋਕ ਵਿਚ ਸੋਭਾ ਖੱਟੀ, ਨਾਹ ਪਰਲੋਕ ਵਿਚ ਆਸਰਾ (ਮਿਲਣ ਦਾ ਪ੍ਰਬੰਧ) ਹੋਇਆ। ਕੀਮਤੀ ਮਨੁੱਖਾ ਜਨਮ ਜ਼ਾਇਆ ਕਰ ਲਿਆ ॥੩॥
6486	155	ਹਉ ਖਰੀ ਦੁਹੇਲੀ ਹੋਈ ਬਾਬਾ ਨਾਨਕ ਮੇਰੀ ਬਾਤ ਨ ਪੁਛੈ ਕੋਈ॥੧॥ਰਹਾਉ॥	(ਖਰੀ) ਬਹੁਤ (ਦੁਹੇਲੀ) ਦੁਖੀ	Ho Kharee Dhuhaelee Hoee Baabaa Naanak Maeree Baath N Pushhai Koee ||1|| Rehaao ||	I am totally miserable! O Baba Nanak, no one cares for me at all! ||1||Pause||	ਹੇ ਭਾਈ! (ਜੀਵਾਤਮਾ ਦੇ ਤੁਰ ਜਾਣ ਤੇ ਹੁਣ) ਮੈਂ ਕਾਂਇਆਂ ਬਹੁਤ ਦੁਖੀ ਹੋਈ ਹਾਂ। ਹੇ ਨਾਨਕ! ਮੇਰੀ ਹੁਣ ਕੋਈ ਵਾਤ ਨਹੀਂ ਪੁੱਛਦਾ ॥੧॥ ਰਹਾਉ ॥
6487	155	ਤਾਜੀ ਤੁਰਕੀ ਸੁਇਨਾ ਰੁਪਾ ਕਪੜ ਕੇਰੇ ਭਾਰਾ॥	ਤਾਜੀ :ਪੋਲਾ ਬੋਲੋ (ਤਾਜੀ) ਘੋੜੇ। (ਤੁਰਕੀ) ਅਰਬ ਦੇਸ਼। ਰੁੱਪਾ ਕੱਪੜ	Thaajee Thurakee Sueinaa Rupaa Kaparr Kaerae Bhaaraa ||	Turkish horses, gold, silver and loads of gorgeous clothes	ਹੇ ਨਾਨਕ! (ਆਖ-) ਹੇ ਮੂਰਖ! ਵਧੀਆ ਘੋੜੇ, ਸੋਨਾ ਚਾਂਦੀ, ਕੱਪੜਿਆਂ ਦੇ ਲੱਦ-
6488	155	ਕਿਸ ਹੀ ਨਾਲਿ ਨ ਚਲੇ ਨਾਨਕ ਝੜਿ ਝੜਿ ਪਏ ਗਵਾਰਾ॥	(ਗਵਾਰਾ) ਮੂਰਖ। ਚੱਲੇ। ਝੜ੍ਹਿ ਝੜ੍ਹਿ	Kis Hee Naal N Chalae Naanak Jharr Jharr Peae Gavaaraa ||	- none of these shall go with you, O Nanak. They are lost and left behind, you fool!	ਕੋਈ ਭੀ ਸ਼ੈ (ਮੌਤ ਵੇਲੇ) ਕਿਸੇ ਦੇ ਨਾਲ ਨਹੀਂ ਜਾਂਦੀ। ਸਭ ਇਥੇ ਹੀ ਰਹਿ ਜਾਂਦੇ ਹਨ।

6489	155	ਕੂਜਾ ਮੇਵਾ ਮੈ ਸਭ ਕਿਛੁ ਚਾਖਿਆ ਇਕੁ ਅੰਮ੍ਰਿਤੁ ਨਾਮੁ ਤੁਮਾਰਾ॥੪॥	(ਕੂਜਾ) ਮਿਸਰੀ	Koojaa Maevaa Mai Sabh Kishh Chaakhiaa Eik Anmrith Naam Thumaaraa ||4||	I have tasted all the sugar candy and sweets, but Your Name alone is Ambrosial Nectar. ||4||	ਮਿਸਰੀ ਮੇਵੇ ਆਦਿਕ ਭੀ ਮੈਂ ਸਭ ਕੁਝ ਚੱਖ ਕੇ ਵੇਖ ਲਿਆ ਹੈ। (ਇਹਨਾਂ ਵਿਚ ਭੀ ਇਤਨਾ ਸਵਾਦ ਨਹੀਂ ਜਿਤਨਾ ਹੇ ਪ੍ਰਭੂ!) ਤੇਰਾ ਨਾਮ ਮਿੱਠਾ ਹੈ ॥੪॥
6490	155	ਦੇ ਦੇ ਨੀਵ ਦਿਵਾਲ ਉਸਾਰੀ ਭਸਮੰਦਰ ਕੀ ਢੇਰੀ॥	(ਨੀਵ) ਨੀਂਹ। (ਦਿਵਾਲ) ਦੀਵਾਰ। (ਭਸਮੰਦਰ) ਸੁਆਹ ਦਾ ਮੰਦਰ, ਮੜ੍ਹੀ	Dhae Dhae Neev Dhivaal Ousaaree Bhasamandhar Kee Dtaeree ||	Digging deep foundations, the walls are constructed, but in the end, the buildings return to heaps of dust.	ਨੀਹਾਂ ਰੱਖ ਰੱਖ ਕੇ ਮਕਾਨਾਂ ਦੀਆਂ ਕੰਧਾਂ ਉਸਾਰੀਆਂ, ਪਰ (ਮੌਤ ਆਇਆਂ) ਇਹ ਸੁਆਹ ਦੇ ਮੰਦਰਾਂ ਦੀ ਢੇਰੀ ਵਾਂਗ ਹੀ ਹੋ ਗਏ।
6491	155	ਸੰਚੇ ਸੰਚਿ ਨ ਦੇਈ ਕਿਸ ਹੀ ਅੰਧੁ ਜਾਣੈ ਸਭ ਮੇਰੀ॥	(ਸੰਚੇ) ਪਦਾਰਥ (ਸੰਚਿ) ਇਕੱਠੇ ਕਰਕੇ	Sanchae Sanch N Dhaeee Kis Hee Andhh Jaanai Sabh Maeree ||	People gather and hoard their possessions, and give nothing to anyone else - the poor fools think that everything is theirs.	(ਮਾਇਆ ਦੇ) ਖ਼ਜ਼ਾਨੇ ਇਕੱਠੇ ਕੀਤੇ ਕਿਸੇ ਨੂੰ (ਹਥੋਂ) ਨਹੀਂ ਦੇਂਦਾ, ਮੂਰਖ ਸਮਝਦਾ ਹੈ ਕਿ ਇਹ ਸਭ ਕੁਝ ਮੇਰਾ ਹੈ।
6492	155	ਸੋਇਨ ਲੰਕਾ ਸੋਇਨ ਮਾੜੀ ਸੰਪੈ ਕਿਸੈ ਨ ਕੇਰੀ॥੫॥	(ਸੋਇਨ) ਸੋਨੇ ਦਾ (ਮਾੜੀ) ਮਹਲ। (ਸੰਪੈ) ਧਨ	Soein Lankaa Soein Maarree Sanpai Kisai N Kaeree ||5||	Riches do not remain with anyone - not even the golden palaces of Sri Lanka. ||5||	(ਪਰ ਇਹ ਨਹੀਂ ਜਾਣਦਾ ਕਿ) ਸੋਨੇ ਦੀ ਲੰਕਾ ਸੋਨੇ ਦੇ ਮਹਲ (ਰਾਵਣ ਦੇ ਭੀ ਨਾਹ ਰਹੇ, ਤੂੰ ਕਿਸ ਦਾ ਵਿਚਾਰਾ ਹੈਂ) ਇਹ ਧਨ ਕਿਸੇ ਦਾ ਭੀ ਨਹੀਂ ਬਣਿਆ ਰਹਿੰਦਾ ॥੫॥

6493	155	ਸੁਣਿ ਮੂਰਖ ਮੰਨ ਅਜਾਣਾ॥		Sun Moorakh Mann Ajaanaa ||	Listen, you foolish and ignorant mind	ਹੇ ਮੂਰਖ ਅੰਞਾਣ ਮਨ! ਸੁਣ।
6494	155	ਹੋਗੁ ਤਿਸੈ ਕਾ ਭਾਣਾ॥੧॥ਰਹਾਉ॥		Hog Thisai Kaa Bhaanaa ||1|| Rehaao ||	- only His Will prevails. ||1||Pause||	ਉਸ ਪਰਮਾਤਮਾ ਦੀ ਰਜ਼ਾ ਹੀ ਵਰਤੇਗੀ (ਲੋਬ ਲੋਭ ਆਦਿਕ ਛੱਡ ਕੇ ਉਸ ਦੀ ਰਜ਼ਾ ਵਿਚ ਤੁਰਨਾ ਸਿੱਖ) ॥੧॥ ਰਹਾਉ ॥
6495	155	ਸਾਹੁ ਹਮਾਰਾ ਠਾਕੁਰੁ ਭਾਰਾ ਹਮ ਤਿਸ ਕੇ ਵਣਜਾਰੇ॥	(ਭਾਰਾ) ਵੱਡੇ	Saahu Hamaaraa Thaakur Bhaaraa Ham This Kae Vanajaarae ||	My Banker is the Great Lord and Master. I am only His petty merchant.	ਸਾਡਾ ਮਾਲਕ-ਪ੍ਰਭੂ ਵੱਡਾ ਸਾਹੂਕਾਰ ਹੈ, ਅਸੀਂ ਸਾਰੇ ਜੀਵ ਉਸ ਦੇ ਭੇਜੇ ਹੋਏ ਵਣਜਾਰੇ-ਵਪਾਰੀ ਹਾਂ (ਇਥੇ ਨਾਮ-ਵਪਾਰ ਕਰਨ ਆਏ ਹੋਏ ਹਾਂ)।
6496	155	ਜੀਉ ਪਿੰਡੁ ਸਭ ਰਾਸਿ ਤਿਸੈ ਕੀ ਮਾਰਿ ਆਪੇ ਜੀਵਾਲੇ॥੬॥੧॥੧੩॥		Jeeo Pindd Sabh Raas Thisai Kee Maar Aapae Jeevaalae ||6||1||13||	This soul and body all are His. He Himself kills, and brings back to life. ||6||1||13||	ਇਹ ਜਿੰਦ ਇਹ ਸਰੀਰ ਉਸੇ ਸ਼ਾਹ ਦੀ ਦਿੱਤੀ ਹੋਈ ਰਾਸ-ਪੂੰਜੀ ਹੈ। ਉਹ ਆਪ ਹੀ ਮਾਰਦਾ ਤੇ ਆਪ ਹੀ ਜਿੰਦ ਦੇਂਦਾ ਹੈ ॥੬॥੧॥੧੩॥
6497	155	ਗਉੜੀ ਚੇਤੀ ਮਹਲਾ ੧॥		Gourree Chaethee Mehalaa 1 ||	Gauree Chaytee, First Mehl:	
6498	155	ਅਵਰਿ ਪੰਚ ਹਮ ਏਕ ਜਨਾ ਕਿਉ ਰਾਖਉ ਘਰ ਬਾਰੁ ਮਨਾ॥		Avar Panch Ham Eaek Janaa Kio Raakho Ghar Baar Manaa ||	There are five of them, but I am all alone. How can I protect my hearth and home, O my mind?	ਹੇ ਮੇਰੇ ਮਨ! ਮੇਰੇ ਵੈਰੀ (ਕਾਮਾਦਿਕ) ਪੰਜ ਹਨ, ਮੈਂ ਇਕੱਲਾ ਹਾਂ, ਮੈਂ (ਇਹਨਾਂ ਤੋਂ) ਸਾਰਾ ਘਰ (ਭਾਵ, ਭਲੇ ਗੁਣ) ਕਿਵੇਂ ਬਚਾਵਾਂ?

6499	155	ਮਾਰਹਿ ਲੂਟਹਿ ਨੀਤ ਨੀਤ ਕਿਸੁ ਆਗੈ ਕਰੀ ਪੁਕਾਰ ਜਨਾ॥੧॥		Maarehi Loottehi Neeth Neeth Kis Aagai Karee Pukaar Janaa ||1||	They are beating and plundering me over and over again; unto whom can I complain? ||1||	ਹੇ ਭਾਈ! ਇਹ ਪੰਜੇ ਮੈਨੂੰ ਨਿੱਤ ਮਾਰਦੇ ਤੇ ਲੁੱਟਦੇ ਰਹਿੰਦੇ ਹਨ, ਮੈਂ ਕਿਸ ਦੇ ਪਾਸ ਸ਼ਿਕਾਇਤ ਕਰਾਂ? ॥੧॥
6500	155	ਸ੍ਰੀ ਰਾਮ ਨਾਮਾ ਉਚਰੁ ਮਨਾ॥	ਉੱਚ-ਰੁ	Sree Raam Naamaa Ouchar Manaa ||	Chant the Name of the Supreme Lord, O my mind.	ਹੇ ਮਨ! ਪਰਮਾਤਮਾ ਦਾ ਨਾਮ ਸਿਮਰ,
6501	155	ਆਗੈ ਜਮ ਦਲੁ ਬਿਖਮੁ ਘਨਾ॥੧॥ਰਹਾਉ॥	(ਘਨਾ) ਬਹੁਤ (ਬਿਖਮੁ) ਔਖਾ	Aagai Jam Dhal Bikham Ghanaa ||1|| Rehaao ||	Otherwise, in the world hereafter, you will have to face the awesome and cruel army of Death. ||1||Pause||	ਸਾਹਮਣੇ ਜਮਰਾਜ ਦੀ ਭਾਰੀ ਤਕੜੀ ਫ਼ੌਜ ਦਿੱਸ ਰਹੀ ਹੈ (ਭਾਵ, ਮੌਤ ਆਉਣ ਵਾਲੀ ਹੈ) ॥੧॥ ਰਹਾਉ ॥
6502	155	ਉਸਾਰਿ ਮੜੋਲੀ ਰਾਖੈ ਦੁਆਰਾ ਭੀਤਰਿ ਬੈਠੀ ਸਾ ਧਨਾ॥	ਦੇਹ ਰੂਪੀ (ਮੜੋਲੀ) ਮਟੀ। (ਭੀਤਰਿ) ਅੰਦਰ। ਜਿੰਦ ਰੂਪੀ (ਧਨਾ) ਇਸਤ੍ਰੀ	Ousaar Marrolee Raakhai Dhuaaraa Bheethar Baithee Saa Dhhanaa ||	God has erected the temple of the body; He has placed the nine doors, and the soul-bride sits within.	ਪਰਮਾਤਮਾ ਨੇ ਇਹ ਸਰੀਰ ਬਣਾ ਕੇ (ਇਸ ਦੇ ਕੰਨ ਨੱਕ ਆਦਿਕ) ਦਸ ਦਰਵਾਜ਼ੇ ਬਣਾ ਦਿੱਤੇ। (ਉਸ ਦੇ ਹੁਕਮ ਅਨੁਸਾਰ) ਇਸ ਸਰੀਰ ਵਿਚ ਜਿੰਦ-ਇਸਤ੍ਰੀ ਆ ਟਿਕੀ।
6503	155	ਅੰਮ੍ਰਿਤ ਕੇਲ ਕਰੇ ਨਿਤ ਕਾਮਣਿ ਅਵਰਿ ਲੁਟੇਨਿ ਸੁ ਪੰਚ ਜਨਾ॥੨॥	(ਕੇਲ) ਚੋਜ ਤਮਾਸ਼ੇ। (ਪੰਚ ਜਨਾ) ਪੰਜ ਕਾਮਾਦਿਕ। ਕੱਾਮਣਿ ਲੁੱਟੇਨਿ	Anmrith Kael Karae Nith Kaaman Avar Luttaen S Panch Janaa ||2||	She enjoys the sweet play again and again, while the five demons are plundering her. ||2||	ਪਰ ਇਹ ਜੀਵ-ਇਸਤ੍ਰੀ ਆਪਣੇ ਆਪ ਨੂੰ ਅਮਰ ਜਾਣ ਕੇ ਸਦਾ (ਦੁਨੀਆ ਵਾਲੇ) ਚੋਜ-ਤਮਾਸ਼ੇ ਕਰਦੀ ਰਹਿੰਦੀ ਹੈ, ਤੇ ਉਹ ਵੈਰੀ ਕਾਮਾਦਿਕ ਪੰਜੇ ਜਣੇ (ਅੰਦਰੋਂ ਭਲੇ ਗੁਣ) ਲੁੱਟਦੇ ਰਹਿੰਦੇ ਹਨ ॥੨॥

6504	155	ਢਾਹਿ ਮੜੋਲੀ ਲੂਟਿਆ ਦੇਹੁਰਾ ਸਾ ਧਨ ਪਕੜੀ ਏਕ ਜਨਾ॥	ਸਰੀਰ ਰੂਪੀ (ਦੇਹੁਰਾ) ਮੰਦਰ। (ਏਕ) ਇਕੱਲੀ (ਜਨਾ) ਜੀਵ ਰੂਪੀ ਇਸਤ੍ਰੀ	Dtaahi Marrolee Loottiaa Dhaehuraa Saa Dhhan Pakarree Eaek Janaa ||	In this way, the temple is being demolished; the body is being plundered, and the soul-bride, left all alone, is captured.	(ਜਮ ਦੀ ਫ਼ੌਜ ਨੇ ਆਖ਼ਰ) ਸਰੀਰ-ਮਠ ਢਾਹ ਕੇ ਮੰਦਰ ਲੁੱਟ ਲਿਆ, ਜੀਵ-ਇਸਤ੍ਰੀ ਇਕੱਲੀ ਹੀ ਫੜੀ ਗਈ।
6505	155	ਜਮ ਡੰਡਾ ਗਲਿ ਸੰਗਲੁ ਪੜਿਆ ਭਾਗਿ ਗਏ ਸੇ ਪੰਚ ਜਨਾ॥੩॥	ਪੜਿਆ: ਝਾੜੇ ਹਲੰਤ ਨ ਲਾਉ	Jam Ddanddaa Gal Sangal Parriaa Bhaag Geae Sae Panch Janaa ||3||	Death strikes her down with his rod, the shackles are placed around her neck, and now the five have left. ||3||	ਜਮ ਦਾ ਡੰਡਾ ਸਿਰ ਉਤੇ ਵੱਜਾ, ਜਮ ਦਾ ਸੰਗਲ ਗਲ ਵਿਚ ਪਿਆ, ਉਹ (ਲੁੱਟਣ ਵਾਲੇ) ਪੰਜੇ ਜਣੇ ਭੱਜ ਗਏ (ਸਾਥ ਛੱਡ ਗਏ) ॥੩॥
6506	155	ਕਾਮਣਿ ਲੋੜੈ ਸੁਇਨਾ ਰੁਪਾ ਮਿਤ੍ਰ ਲੁੜੇਨਿ ਸੁ ਖਾਧਾਤਾ॥	ਪਦਾਰਥ (ਖਾਧਾ-ਤਾ) ਖਾਣੇ। ਕਾਮਣਿ	Kaaman Lorrai Sueinaa Rupaa Mithr Lurraen S Khaadhhaathaa ||	The wife yearns for gold and silver, and her friends, the senses, yearn for good food.	(ਸਾਰੀ ਉਮਰ ਜਦ ਤਕ ਜੀਵ ਜੀਊਂਦਾ ਰਿਹਾ) ਵਹੁਟੀ ਸੋਨਾ ਚਾਂਦੀ (ਦੇ ਗਹਿਣੇ) ਮੰਗਦੀ ਰਹਿੰਦੀ ਹੈ, ਸਨਬੰਧੀ ਮਿਤ੍ਰ ਖਾਣ ਪੀਣ ਦੇ ਪਦਾਰਥ ਮੰਗਦੇ ਰਹਿੰਦੇ ਹਨ।
6507	155	ਨਾਨਕ ਪਾਪ ਕਰੇ ਤਿਨ ਕਾਰਣਿ ਜਾਸੀ ਜਮਪੁਰਿ ਬਾਧਾਤਾ॥੪॥੨॥੧੪॥	(ਬੱਧਾ-ਤਾ) ਬੰਨ੍ਹਿਆ ਹੋਇਆ	Naanak Paap Karae Thin Kaaran Jaasee Jamapur Baadhhaathaa ||4||2||14||	O Nanak, she commits sins for their sake; she shall go, bound and gagged, to the City of Death. ||4||2||14||	ਹੇ ਨਾਨਕ! ਇਹਨਾਂ ਦੀ ਹੀ ਖ਼ਾਤਰ ਜੀਵ ਪਾਪ ਕਰਦਾ ਰਹਿੰਦਾ ਹੈ, ਆਖ਼ਰ (ਪਾਪਾਂ ਦੇ ਕਾਰਨ) ਬੱਝਾ ਹੋਇਆ ਜਮ ਦੀ ਨਗਰੀ ਵਿਚ ਧੱਕਿਆ ਜਾਂਦਾ ਹੈ ॥੪॥੨॥੧੪॥
6508	155	ਗਉੜੀ ਚੇਤੀ ਮਹਲਾ ੧॥		Gourree Chaethee Mehalaa 1 ||	Gauree Chaytee, First Mehl:	

6509	155	ਮੁੰਦ੍ਰਾ ਤੇ ਘਟ ਭੀਤਰਿ ਮੁੰਦ੍ਰਾ ਕਾਂਇਆ ਕੀਜੈ ਖਿੰਥਾਤਾ॥	ਖਿੰਥਾ-ਤਾ, ਮੰਦੀਆਂ ਵਾਸ਼ਨਾ ਨੂੰ (ਮੁੰਦ੍ਰਾ) ਮੁੰਦਣਾ ਭਾਵ ਰੋਕਣਾ। (ਖਿੰਥਾਤਾ) ਖਫਣੀ	Mundhraa Thae Ghatt Bheethar Mundhraa Kaaneiaa Keejai Khinthhaathaa ||	Let your ear-rings be those ear-rings which pierce deep within your heart. Let your body be your patched coat.	ਹੇ ਰਾਵਲ! ਆਪਣੇ ਸਰੀਰ ਦੇ ਅੰਦਰ ਹੀ ਮੰਦੀਆਂ ਵਾਸਨਾਂ ਨੂੰ ਰੋਕ-ਇਹ ਹਨ (ਅਸਲ) ਮੁੰਦ੍ਰਾਂ। ਸਰੀਰ ਨੂੰ ਨਾਸਵੰਤ ਸਮਝ-ਇਸ ਯਕੀਨ ਨੂੰ ਗੋਦੜੀ ਬਣਾ।
6510	155	ਪੰਚ ਚੇਲੇ ਵਸਿ ਕੀਜਹਿ ਰਾਵਲ ਇਹੁ ਮਨੁ ਕੀਜੈ ਡੰਡਾਤਾ॥੧॥	(ਰਾਵਲ) ਜੋਗੀ। (ਡੰਡਾ-ਤਾ) ਡੰਡਾ। ਵੱਸਿ	Panch Chaelae Vas Keejehi Raaval Eihu Man Keejai Ddanddaathaa ||1||	Let the five passions be disciples under your control, O begging Yogi, and make this mind your walking stick. ||1||	ਹੇ ਰਾਵਲ! (ਤੁਸੀ ਹੋਰਨਾਂ ਨੂੰ ਚੇਲੇ ਬਣਾਂਦੇ ਫਿਰਦੇ ਹੋ) ਆਪਣੇ ਪੰਜੇ, ਗਿਆਨ-ਇੰਦ੍ਰਿਆਂ ਨੂੰ ਵੱਸ ਵਿਚ ਕਰੋ, ਚੇਲੇ ਬਣਾਓ, ਆਪਣੇ ਮਨ ਨੂੰ ਡੰਡਾ ਬਣਾਓ (ਤੇ ਹੱਥ ਵਿਚ ਫੜੋ। ਭਾਵ, ਕਾਬੂ ਕਰੋ) ॥੧॥
6511	155	ਜੋਗ ਜੁਗਤਿ ਇਵ ਪਾਵਸਿਤਾ॥	ਪਾਵਸਿ-ਤਾ	Jog Jugath Eiv Paavasithaa ||	Thus you shall find the Way of Yoga.	(ਹੇ ਰਾਵਲ!) ਤਾਂ ਤੂੰ ਇਸ ਤਰ੍ਹਾਂ ਜੋਗ (ਪ੍ਰਭੂ-ਚਰਨਾਂ ਵਿਚ ਜੁੜਨ) ਦਾ ਤਰੀਕਾ ਲੱਭ ਲਏਂਗਾ,

6512	155	ੲੇਕੁ ਸਬਦੁ ਦੂਜਾ ਹੋਰੁ ਨਾਸਤਿ ਕੰਦ ਮੂਲਿ ਮਨੁ ਲਾਵਸਿਤਾ॥੧॥ਰਹਾਉ॥	ਸਬਦੁ ਬ੍ਰਹਮੁ ਜੀ ਅਬਿਨਾਸੀ ਸੱਚੇ ਹਨ, ਦੂਜਾ ਹੋਰੁ ਦ੍ਰਿਸਟਮਾਨ ਪਸਾਰਾ (ਨਾਸਤਿ)ਨਾਸ਼ ਰੂਪ ਹੈ।(ਕੰਦ) ਡਾਹਣਿਆਂ ਨਾਲ ਲੱਗਣ ਵਾਲੇ ਫ਼ਲ, (ਮੂਲਿ) ਮੂਲੀਆਂ ਗਾਜਰਾਂ ਆਦਿ ਧਰਤੀ ਚੋਂ ਪੈਦਾ ਹੋਣ ਵਾਲੀਆਂ, ਕੰਦਮੂਲ ਇੱਕ ਫ਼ਲ ਦਾ ਨਾਮ ਹੈ ਲਾਵਸਿ-ਤਾ	Eaek Sabadh Dhoojaa Hor Naasath Kandh Mool Man Laavasithaa ||1|| Rehaao ||	There is only the One Word of the Shabad; everything else shall pass away. Let this be the fruits and roots of your mind's diet. ||1||Pause||	ਜੇ ਤੂੰ ਉਸ ਗੁਰ-ਸ਼ਬਦ ਵਿਚ ਮਨ ਜੋੜੇਂ (ਜਿਸ ਤੋਂ ਬਿਨਾ) ਕੋਈ ਹੋਰ (ਜੀਵਨ-ਰਾਹ ਵਿਖਾਣ ਦੇ ਸਮਰੱਥ) ਨਹੀਂ ਹੈ। ਤੂੰ ਤਾਂ ਗਾਜਰ ਮੂਲੀ ਆਦਿਕ ਖਾਣ ਵਿਚ ਮਨ ਜੋੜਦਾ ਫਿਰਦਾ ਹੈਂ ॥੧॥ ਰਹਾਉ ॥
6513	155	ਮੂੰਡਿ ਮੁੰਡਾਇਐ ਜੇ ਗੁਰੁ ਪਾਈਐ ਹਮ ਗੁਰੁ ਕੀਨੀ ਗੰਗਾਤਾ॥	(ਮੂੰਡਿ) ਸਿਰ (ਮੁੰਡਾਇਐ) ਮੁਨਾਇਆਂ। (ਹਮ) ਤਮਾਮ ਨੇ।ਗੰਗਾ-ਤਾ	Moondd Munddaaeiai Jae Gur Paaeeai Ham Gur Keenee Gangaathaa ||	Some try to find the Guru by shaving their heads at the Ganges, but I have made the Guru my Ganges.	ਜੇ (ਗੰਗਾ ਦੇ ਕੰਢੇ) ਸਿਰ ਮੁਨਾਇਆਂ ਗੁਰੂ ਮਿਲਦਾ ਹੈ (ਭਾਵ, ਤੁਸੀ ਤਾਂ ਗੰਗਾ ਦੇ ਕੰਢੇ ਸਿਰ ਮੁਨਾ ਕੇ ਗੁਰੂ ਧਾਰਦੇ ਹੋ) ਤਾਂ ਅਸਾਂ ਤਾਂ ਗੁਰੂ ਨੂੰ ਹੀ ਗੰਗਾ ਬਣਾ ਲਿਆ ਹੈ, (ਭਾਵ, ਸਾਡੇ ਵਾਸਤੇ ਗੁਰੂ ਹੀ ਮਹਾਂ ਪਵਿਤ੍ਰ ਤੀਰਥ ਹੈ)।

6514	155	ਤ੍ਰਿਭਵਣ ਤਾਰਣਹਾਰੁ ਸੁਆਮੀ ਏਕੁ ਨ ਚੇਤਸਿ ਅੰਧਾਤਾ॥੨॥	ਏਕੁ ਵਾਹਿਗੁਰੂ ਜੀ। ਮਾਇਆ ਚ (ਅੰਧਾ-ਤਾ) ਅੰਧਾ	Thribhavan Thaaranehaar Suaamee Eaek N Chaethas Andhhaathaa ||2||	The Saving Grace of the three worlds is the One Lord and Master, but those in darkness do not remember Him. ||2||	ਅੰਨ੍ਹਾ (ਰਾਵਲ) ਉਸ ਇਕੋ ਮਾਲਕ ਨੂੰ ਨਹੀਂ ਸਿਮਰਦਾ ਜੋ ਤਿੰਨਾਂ ਭਵਣਾਂ (ਦੇ ਜੀਵਾਂ) ਨੂੰ ਤਾਰਨ ਦੇ ਸਮਰਥ ਹੈ ॥੨॥
6515	155	ਕਰਿ ਪਟੰਬੁ ਗਲੀ ਮਨੁ ਲਾਵਸਿ ਸੰਸਾ ਮੂਲਿ ਨ ਜਾਵਸਿਤਾ॥	(ਪਟੰਬੁ) ਪਖੰਡ। ਗੱਲੀਂ। ਜਾਵਸਿ-ਤਾ	Kar Pattanb Galee Man Laavas Sansaa Mool N Jaavasithaa ||	Practicing hypocrisy and attaching your mind to worldly objects, your doubt shall never depart.	ਹੇ ਜੋਗੀ! ਤੂੰ (ਜੋਗ ਦਾ) ਵਿਖਾਵਾ ਕਰ ਕੇ ਨਿਰੀਆਂ ਗੱਲਾਂ ਵਿਚ ਹੀ ਲੋਕਾਂ ਦਾ ਮਨ ਪਰਚਾਂਦਾ ਹੈਂ, ਪਰ ਤੇਰਾ ਆਪਣਾ ਸੰਸਾ ਉੱਕਾ ਹੀ ਦੂਰ ਨਹੀਂ ਹੁੰਦਾ।
6516	156	ਏਕਸੁ ਚਰਣੀ ਜੇ ਚਿਤੁ ਲਾਵਹਿ ਲਬਿ ਲੋਭਿ ਕੀ ਧਾਵਸਿਤਾ॥੩॥	(ਕੀ) ਕਿਉਂ (ਧਾਵਸਿ-ਤਾ) ਧਾਵੇਗਾ, ਦੌੜੇਗਾ। ਲੱਬਿ	Eaekas Charanee Jae Chith Laavehi Lab Lobh Kee Dhhaavasithaa ||3||	If you focus your consciousness on the Feet of the One Lord, what reason would you have to chase after greed? ||3||	ਜੇ ਤੂੰ ਇੱਕ ਪਰਮਾਤਮਾ ਦੇ ਚਰਨਾਂ ਵਿਚ ਚਿੱਤ ਜੋੜੇਂ, ਤਾਂ ਲੱਬ ਤੇ ਲੋਭ ਦੇ ਕਾਰਨ ਬਣੀ ਹੋਈ ਤੇਰੀ ਭਟਕਣਾ ਦੂਰ ਹੋ ਜਾਏ ॥੩॥
6517	156	ਜਪਸਿ ਨਿਰੰਜਨੁ ਰਚਸਿ ਮਨਾ॥	(ਰਚਸਿ) ਰਚਾ ਕੇ, ਜੁੜ ਕੇ	Japas Niranjan Rachas Manaa ||	Meditate on the Immaculate Lord, and saturate your mind with Him.	ਹੇ ਜੋਗੀ! ਆਪਣਾ ਮਨ ਜੋੜ ਕੇ ਮਾਇਆ-ਰਹਿਤ ਪ੍ਰਭੂ ਦਾ ਨਾਮ ਸਿਮਰ।
6518	156	ਕਾਹੇ ਬੋਲਹਿ ਜੋਗੀ ਕਪਟੁ ਘਨਾ॥੧॥ਰਹਾਉ॥		Kaahae Bolehi Jogee Kapatt Ghanaa ||1|| Rehaao ||	Why, O Yogi, do you make so many false and deceptive claims? ||1||Pause||	ਬਹੁਤਾ ਠੱਗੀ-ਫਰੇਬ ਦਾ ਬੋਲ ਕਿਉਂ ਬੋਲਦਾ ਹੈਂ? ॥੧॥ ਰਹਾਉ ॥

6519	156	ਕਾਇਆ ਕਮਲੀ ਹੰਸੁ ਇਆਣਾ ਮੇਰੀ ਮੇਰੀ ਕਰਤ ਬਿਹਾਣੀਤਾ॥	(ਬਿਹਾਣੀ-ਤਾ) ਬਤੀਤ ਹੁੰਦੀ	Kaaeiaa Kamalee Hans Eiaanaa Maeree Maeree Karath Bihaaneethaa ||	The body is wild, and the mind is foolish. Practicing egotism, selfishness and conceit, your life is passing away.	ਜਿਸ ਮਨੁੱਖ ਦਾ ਸਰੀਰ ਝੱਲਾ ਹੋਇਆ ਪਿਆ ਹੋਵੇ (ਜਿਸ ਦੇ ਗਿਆਨ-ਇੰਦ੍ਰੇ ਵਿਕਾਰਾਂ ਵਿਚ ਝੱਲੇ ਹੋਏ ਪਏ ਹੋਣ) ਜਿਸ ਦਾ ਜੀਵਾਤਮਾ ਅੰਞਾਣਾ ਹੋਵੇ (ਜ਼ਿੰਦਗੀ ਦਾ ਸਹੀ ਰਸਤਾ ਨਾਹ ਸਮਝਦਾ ਹੋਵੇ) ਉਸ ਦੀ ਸਾਰੀ ਉਮਰ ਮਾਇਆ ਦੀ ਮਮਤਾ ਵਿਚ ਲੰਘ ਜਾਂਦੀ ਹੈ।
6520	156	ਪ੍ਰਣਵਤਿ ਨਾਨਕੁ ਨਾਗੀ ਦਾਝੈ ਫਿਰਿ ਪਾਛੈ ਪਛੁਤਾਣੀਤਾ॥੪॥੩॥੧੫॥	(ਨਾਗੀ) ਨੰਗੀ ਨਾਗਾਂ ਦੀ ਡੰਗੀ। (ਦਾਝੈ) ਸੜਦੀ ਹੈ। ਪਛੁਤਾਣੀ-ਤਾ	Pranavath Naanak Naagee Dhaajhai Fir Paashhai Pashhuthaaneetha a ||4||3||15||	Prays Nanak, when the naked body is cremated, then you will come to regret and repent. ||4||3||15||	(ਤੇ) ਨਾਨਕ ਬੇਨਤੀ ਕਰਦਾ ਹੈ ਕਿ ਜਦੋਂ (ਮਮਤਾ ਦੇ ਸਾਰੇ ਪਦਾਰਥ ਜਗਤ ਵਿਚ ਹੀ ਛੱਡ ਕੇ) ਸਰੀਰ ਇਕੱਲਾ ਹੀ (ਮਸਾਣਾਂ ਵਿਚ) ਸੜਦਾ ਹੈ, ਸਮਾ ਵਿਹਾ ਜਾਣ ਤੇ ਜੀਵ ਪਛੁਤਾਉਂਦਾ ਹੈ ॥੪॥੩॥੧੫॥
6521	156	ਗਉੜੀ ਚੇਤੀ ਮਹਲਾ ੧॥		Gourree Chaethee Mehalaa 1 ||	Gauree Chaytee, First Mehl:	
6522	156	ਅਉਖਧ ਮੰਤ੍ਰ ਮੂਲੁ ਮਨ ਏਕੈ ਜੇ ਕਰਿ ਦ੍ਰਿੜੁ ਚਿਤੁ ਕੀਜੈ ਰੇ॥	(ਅਉਖਧ) ਦਵਾਈ। ਮੰਤ੍ਰ ਪੜ੍ਹ ਕੇ ਹੱਥੌਲਾ ਕਰਨਾ। (ਮੂਲੁ) ਜੜੀ ਬੂਟੀ	Aoukhadhh Manthr Mool Man Eaekai Jae Kar Dhrirr Chith Keejai Rae ||	O mind, there is only the One medicine, mantra and healing herb - center your consciousness firmly on the One Lord.	ਹੇ ਭਾਈ! ਜੇ ਤੂੰ ਜਨਮਾਂ ਜਨਮਾਂਤਰਾਂ ਦੇ ਕੀਤੇ ਮੰਦੇ ਕਰਮਾਂ ਦੇ ਸੰਸਕਾਰਾਂ ਨੂੰ ਕੱਟਣ ਵਾਲੇ ਪਰਮਾਤਮਾ ਦਾ ਨਾਮ ਲੈਂਦਾ ਰਹੇਂ, ਜੇ ਤੂੰ (ਉਸ ਨਾਮ ਦੇ ਸਿਮਰਨ ਵਿਚ) ਆਪਣੇ ਚਿੱਤ ਨੂੰ ਪੱਕਾ ਕਰ ਲਏਂ,

6523	156	ਜਨਮ ਜਨਮ ਕੇ ਪਾਪ ਕਰਮ ਕੇ ਕਾਟਨਹਾਰਾ ਲੀਜੈ ਰੇ॥੧॥		Janam Janam Kae Paap Karam Kae Kaattanehaaraa Leejai Rae ||1||	Take to the Lord, the Destroyer of the sins and karma of past incarnations. ||1||	ਤਾਂ (ਤੈਨੂੰ ਯਕੀਨ ਆ ਜਾਇਗਾ ਕਿ) ਮਨ ਦੇ ਰੋਗ ਦੂਰ ਕਰਨ ਵਾਲੀ ਸਭ ਤੋਂ ਵਧੀਆ ਦਵਾਈ ਪ੍ਰਭੂ ਦਾ ਨਾਮ ਹੀ ਹੈ, ਮਨ ਨੂੰ ਵੱਸ ਵਿਚ ਕਰਨ ਵਾਲਾ ਸਭ ਤੋਂ ਵਧੀਆ ਮੰਤ੍ਰ ਪਰਮਾਤਮਾ ਦਾ ਨਾਮ ਹੀ ਹੈ ॥੧॥
6524	156	ਮਨ ਏਕੋ ਸਾਹਿਬੁ ਭਾਈ ਰੇ॥		Man Eaeko Saahib Bhaaee Rae ||	The One Lord and Master is pleasing to my mind.	ਹੇ ਭਾਈ! (ਵਿਕਾਰਾਂ ਵਲੋਂ ਬਚਾ ਸਕਣ ਵਾਲਾ) ਮਨ ਦਾ ਰਾਖਾ ਇਕ ਪ੍ਰਭੂ-ਨਾਮ ਹੀ ਹੈ (ਉਸ ਦੇ ਗੁਣ ਪਛਾਣ),
6525	156	ਤੇਰੇ ਤੀਨਿ ਗੁਣਾ ਸੰਸਾਰਿ ਸਮਾਵਹਿ ਅਲਖੁ ਨ ਲਖਣਾ ਜਾਈ ਰੇ॥੧॥ਰਹਾਉ॥	ਅ-ਲਖੁ, ਲਖਣਾ: ਪੋਲੇ ਬੋਲੋ। ਜੇ ਗੁਰਬਾਣੀ ਜੀ ਚ ਅਲਖ ਮਗਰੋਂ ਨ ਆਵੇ ਤਾਂ ਅਲਖ ਮਗਰੋਂ ਠਮਕੀ ਲਾਉ।	Thaerae Theen Gunaa Sansaar Samaavehi Alakh N Lakhanaa Jaaee Rae ||1|| Rehaao ||	In Your three qualities, the world is engrossed; the Unknowable cannot be known. ||1||Pause||	ਪਰ ਜਿਤਨਾ ਚਿਰ ਤੇਰੇ ਤ੍ਰਿਗੁਣੀ ਇੰਦ੍ਰੇ ਸੰਸਾਰ (ਦੇ ਮੋਹ) ਵਿਚ ਰੁੱਝੇ ਹੋਏ ਹਨ, ਉਸ ਅਲੱਖ ਪਰਮਾਤਮਾ ਨੂੰ ਸਮਝਿਆ ਨਹੀਂ ਜਾ ਸਕਦਾ ॥੧॥ ਰਹਾਉ ॥
6526	156	ਸਕਰ ਖੰਡੁ ਮਾਇਆ ਤਨਿ ਮੀਠੀ ਹਮ ਤਉ ਪੰਡ ਉਚਾਈ ਰੇ॥	(ਉਚਾਈ) ਉਠਾਈ। ਸੱਕਰ	Sakar Khandd Maaeiaa Than Meethee Ham Tho Pandd Ouchaaee Rae ||	Maya is so sweet to the body, like sugar or molasses. We all carry loads of it.	ਹੇ ਭਾਈ! ਅਸਾਂ ਜੀਵਾਂ ਨੇ ਤਾਂ ਮਾਇਆ ਦੀ ਪੰਡ (ਹਰ ਵੇਲੇ ਸਿਰ ਉਤੇ) ਚੁਕੀ ਹੋਈ ਹੈ, ਸਾਨੂੰ ਤਾਂ ਆਪਣੇ ਅੰਦਰ ਮਾਇਆ ਸ਼ੱਕਰ ਖੰਡ ਵਰਗੀ ਮਿੱਠੀ ਲੱਗ ਰਹੀ ਹੈ।

6527	156	ਰਾਤਿ ਅਨੇਰੀ ਸੂਝਸਿ ਨਾਹੀ ਲਜੁ ਟੂਕਸਿ ਮੂਸਾ ਭਾਈ ਰੇ॥੨॥	ਕਾਲ ਰੂਪੀ (ਮੂੱਸਾ) ਚੂਹਾ। (ਟੂਕਸਿ) ਟੁੱਕਦਾ। ਅਨ੍ਹੇਰੀ ਲੱਜੁ	Raath Anaeree Soojhas Naahee Laj Ttookas Moosaa Bhaaee Rae ||2||	In the dark of the night, nothing can be seen. The mouse of death is gnawing away at the rope of life, O Siblings of Destiny! ||2||	(ਸਾਡੇ ਭਾ ਦੀ ਤਾਂ ਮਾਇਆ ਦੇ ਮੋਹ ਦੀ) ਹਨੇਰੀ ਰਾਤ ਪਈ ਹੋਈ ਹੈ, (ਜਿਸ ਵਿਚ ਸਾਨੂੰ ਕੁਝ ਦਿੱਸਦਾ ਹੀ ਨਹੀਂ, ਤੇ (ਉਧਰੋਂ) ਜਮ-ਚੂਹਾ ਸਾਡੀ ਉਮਰ ਦੀ ਲੱਜ ਟੁੱਕਦਾ ਜਾ ਰਿਹਾ ਹੈ (ਉਮਰ ਘਟਦੀ ਜਾ ਰਹੀ ਹੈ) ॥੨॥
6528	156	ਮਨਮੁਖਿ ਕਰਹਿ ਤੇਤਾ ਦੁਖੁ ਲਾਗੈ ਗੁਰਮੁਖਿ ਮਿਲੈ ਵਡਾਈ ਰੇ॥		Manamukh Karehi Thaethaa Dhukh Laagai Guramukh Milai Vaddaaee Rae ||	As the self-willed manmukhs act, they suffer in pain. The Gurmukh obtains honor and greatness.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰ ਕੇ ਮਨੁੱਖ ਜਿਤਨਾ ਭੀ ਉੱਦਮ ਕਰਦੇ ਹਨ, ਉਤਨਾ ਹੀ ਦੁੱਖ ਵਾਪਰਦਾ ਹੈ। (ਲੋਕ ਪਰਲੋਕ ਵਿਚ) ਸੋਭਾ ਉਹਨਾਂ ਨੂੰ ਮਿਲਦੀ ਹੈ ਜੋ ਗੁਰੂ ਦੇ ਸਨਮੁਖ ਰਹਿੰਦੇ ਹਨ।
6529	156	ਜੋ ਤਿਨਿ ਕੀਆ ਸੋਈ ਹੋਆ ਕਿਰਤੁ ਨ ਮੇਟਿਆ ਜਾਈ ਰੇ॥੩॥		Jo Thin Keeaa Soee Hoaa Kirath N Maettiaa Jaaee Rae ||3||	Whatever He does, that alone happens; past actions cannot be erased. ||3||	ਜੋ (ਨਿਯਮ) ਉਸ ਪਰਮਾਤਮਾ ਨੇ ਬਣਾ ਦਿੱਤਾ ਹੈ ਉਹੀ ਵਰਤਦਾ ਹੈ (ਉਸ ਨਿਯਮ ਅਨੁਸਾਰ) ਜਨਮਾਂ ਜਨਮਾਂਤਰਾਂ ਦੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਸਮੂਹ (ਜੋ ਸਾਡੇ ਮਨ ਵਿਚ ਟਿਕਿਆ ਪਿਆ ਹੈ, ਆਪਣੇ ਹੀ ਮਨ ਦੇ ਪਿੱਛੇ ਤੁਰਿਆਂ) ਮਿਟਾਇਆ ਨਹੀਂ ਜਾ ਸਕਦਾ ॥੩॥

6530	156	ਸੁਭਰ ਭਰੇ ਨ ਹੋਵਹਿ ਊਣੇ ਜੋ ਰਾਤੇ ਰੰਗੁ ਲਾਈ ਰੇ॥	(ਸੁੱਭਰ) ਲਬਾ ਲਬ, ਚੰਗੀ ਤਰਾਂ	Subhar Bharae N Hovehi Oonae Jo Raathae Rang Laaee Rae ||	Those who are imbued with, and committed to the Lord's Love, are filled to overflowing; they never lack anything.	ਜੋ ਮਨੁੱਖ ਪ੍ਰਭੂ ਦੇ ਚਰਨਾਂ ਵਿਚ ਪ੍ਰੀਤ ਜੋੜ ਕੇ ਉਸ ਦੇ ਪ੍ਰੇਮ ਵਿਚ ਰੰਗੇ ਰਹਿੰਦੇ ਹਨ, ਉਹਨਾਂ ਦੇ ਮਨ ਪ੍ਰੇਮ-ਰਸ ਨਾਲ ਸਦਾ ਨਕਾ-ਨਕ ਭਰੇ ਰਹਿੰਦੇ ਹਨ, ਉਹ (ਪ੍ਰੇਮ ਤੋਂ) ਖ਼ਾਲੀ ਨਹੀਂ ਹੁੰਦੇ।
6531	156	ਤਿਨ ਕੀ ਪੰਕ ਹੋਵੈ ਜੇ ਨਾਨਕੁ ਤਉ ਮੂੜਾ ਕਿਛੁ ਪਾਈ ਰੇ॥੪॥੪॥੧੬॥	(ਪੰਕ) ਧੂੜ। (ਮੂੜ੍ਹਾ) ਮੂਰਖ	Thin Kee Pank Hovai Jae Naanak Tho Moorraa Kishh Paaee Rae ||4||4||16||	If Nanak could be the dust of their feet, then he, the ignorant one, might also obtain some. ||4||4||16||	ਜੇ (ਸਾਡਾ) ਮੂਰਖ (ਮਨ) ਉਹਨਾਂ ਦੇ ਚਰਨਾਂ ਦੀ ਧੂੜ ਬਣੇ, ਨਾਨਕ (ਆਖਦਾ ਹੈ) ਤਾਂ ਇਸ ਨੂੰ ਭੀ ਕੁਝ ਪ੍ਰਾਪਤੀ ਹੋ ਜਾਏ ॥੪॥੪॥੧੬॥
6532	156	ਗਉੜੀ ਚੇਤੀ ਮਹਲਾ ੧॥		Gourree Chaethee Mehalaa 1 ||	Gauree Chaytee, First Mehl:	
6533	156	ਕਤ ਕੀ ਮਾਈ ਬਾਪੁ ਕਤ ਕੇਰਾ ਕਿਦੂ ਥਾਵਹੁ ਹਮ ਆਏ॥	ਕਤ:ਪੋਲਾ ਬੋਲੋ। (ਕਤ) ਕਿਸ। (ਕੀ) ਦੀ। (ਕੇਰਾ) ਦਾ	Kath Kee Maaee Baap Kath Kaeraa Kidhoo Thhaavahu Ham Aaeae ||	Who is our mother, and who is our father? Where did we come from?	(ਹੇ ਮੇਰੇ ਸਾਹਿਬ! ਅਣਗਿਣਤ ਔਗੁਣਾਂ ਦੇ ਕਾਰਨ ਹੀ ਸਾਨੂੰ ਅਨੇਕਾਂ ਜੂਨਾਂ ਵਿਚ ਭਟਕਣਾ ਪੈਂਦਾ ਹੈ, ਅਸੀਂ ਕੀਹ ਦੱਸੀਏ ਕਿ) ਕਦੋਂ ਦੀ ਸਾਡੀ (ਕੋਈ) ਮਾਂ ਹੈ ਕਦੋਂ ਦਾ (ਭਾਵ, ਕਿਸ ਜੂਨ ਦਾ) ਸਾਡਾ ਕੋਈ ਪਿਉ ਹੈ, ਕਿਸ ਕਿਸ ਥਾਂ ਤੋਂ (ਜੂਨ ਵਿਚੋਂ ਹੋ ਕੇ) ਅਸੀਂ (ਹੁਣ ਇਸ ਮਨੁੱਖਾ ਜਨਮ ਵਿਚ) ਆਏ ਹਾਂ?

6534	156	ਅਗਨਿ ਬਿੰਬ ਜਲ ਭੀਤਰਿ ਨਿਪਜੇ ਕਾਹੇ ਕੰਮਿ ਉਪਾਏ॥੧॥	(ਬਿੰਬ) ਬੁਦਬੁਦਾ। (ਨਿਪਜੇ) ਪੈਦਾ ਹੋਏ	Agan Binb Jal Bheethar Nipajae Kaahae Kanm Oupaaeae ||1||	We are formed from the fire of the womb within, and the bubble of water of the sperm. For what purpose are we created? ||1||	(ਇਨ੍ਹਾਂ ਔਗੁਣਾਂ ਦੇ ਕਾਰਨ ਹੀ ਸਾਨੂੰ ਇਹ ਵਿਚਾਰ ਭੀ ਨਹੀਂ ਫੁਰਦੀ ਕਿ) ਅਸੀਂ ਕਿਸ ਮਨੋਰਥ ਵਾਸਤੇ ਪਿਤਾ ਦੇ ਬੀਰਜ ਨਾਲ ਮਾਂ ਦੇ ਪੇਟ ਦੀ ਅੱਗ ਵਿਚ ਨਿੰਮੇ, ਤੇ ਕਾਹਦੇ ਵਾਸਤੇ ਪੈਦਾ ਕੀਤੇ ਗਏ ॥੧॥
6535	156	ਮੇਰੇ ਸਾਹਿਬਾ ਕਉਣੁ ਜਾਣੈ ਗੁਣ ਤੇਰੇ॥		Maerae Saahibaa Koun Jaanai Gun Thaerae ||	O my Master, who can know Your Glorious Virtues?	ਹੇ ਮੇਰੇ ਮਾਲਕ ਪ੍ਰਭੂ! ਤੇਰੇ ਗੁਣ ਕੋਈ ਜਾਣ ਨਹੀਂ ਸਕਦਾ।
6536	156	ਕਹੇ ਨ ਜਾਨੀ ਅਉਗਣ ਮੇਰੇ॥੧॥ਰਹਾਉ॥		Kehae N Jaanee Aougan Maerae ||1|| Rehaao ||	My own demerits cannot be counted. ||1||Pause||	ਮੇਰੇ ਅੰਦਰ ਇਤਨੇ ਔਗੁਣ ਹਨ ਕਿ ਉਹ ਗਿਣੇ ਨਹੀਂ ਜਾ ਸਕਦੇ। (ਤੇ, ਜਿਸ ਜੀਵ ਦੇ ਅੰਦਰ ਅਣਗਿਣਤ ਔਗੁਣ ਹੋਣ, ਉਹ ਐਸਾ ਕੋਈ ਭੀ ਨਹੀਂ ਹੁੰਦਾ ਜੋ ਤੇਰੇ ਗੁਣਾਂ ਨਾਲ ਡੂੰਘੀ ਸਾਂਝ ਪਾ ਸਕੇ, ਜੋ ਤੇਰੀ ਸਿਫ਼ਤ-ਸਾਲਾਹ ਵਿਚ ਜੁੜ ਸਕੇ) ॥੧॥ ਰਹਾਉ ॥
6537	156	ਕੇਤੇ ਰੁਖ ਬਿਰਖ ਹਮ ਚੀਨੇ ਕੇਤੇ ਪਸੂ ਉਪਾਏ॥	ਰੁੱਖ ਬਿਰਖਾਂ ਦੀਆਂ ਜੂਨਾਂ (ਚੀਨੇ) ਦੇਖੀਆਂ। (ਉਪਾਏ) ਪੈਦਾ ਹੋਏ	Kaethae Rukh Birakh Ham Cheenae Kaethae Pasoo Oupaaeae ||	I took the form of so many plants and trees, and so many animals.	(ਅਣਗਿਣਤ ਔਗੁਣਾਂ ਦੇ ਕਾਰਨ) ਅਸਾਂ ਅਨੇਕਾਂ ਰੁੱਖਾਂ ਬਿਰਖਾਂ ਦੀਆਂ ਜੂਨਾਂ ਵੇਖੀਆਂ, ਅਨੇਕਾਂ ਵਾਰੀ ਪਸੂ-ਜੂਨਾਂ ਵਿਚ ਅਸੀਂ ਜੰਮੇ,

6538	156	ਕੇਤੇ ਨਾਗ ਕੁਲੀ ਮਹਿ ਆਏ ਕੇਤੇ ਪੰਖ ਉਡਾਏ॥੨॥	ਕੁਲੀ: ਪੋਲਾ ਬੋਲੋ। (ਕੁਲੀ) ਕੁਲਾਂ ਚ। (ਪੰਖ) ਪੰਛੀ	Kaethae Naag Kulee Mehi Aaeae Kaethae Pankh Ouddaaeae ||2||	Many times I entered the families of snakes and flying birds. ||2||	ਅਨੇਕਾਂ ਵਾਰੀ ਸੱਪਾਂ ਦੀਆਂ ਕੁਲਾਂ ਵਿਚ ਪੈਦਾ ਹੋਏ, ਤੇ ਅਨੇਕਾਂ ਵਾਰੀ ਪੰਛੀ ਬਣ ਬਣ ਕੇ ਉਡਦੇ ਰਹੇ ॥੨॥
6539	156	ਹਟ ਪਟਣ ਬਿਜਮੰਦਰ ਭੰਨੈ ਕਰਿ ਚੋਰੀ ਘਰਿ ਆਵੈ॥	(ਬਿਜਮੰਦਰ) ਪੱਥਰ ਦੇ ਪੱਕੇ ਮੰਦਰ। ਪਟਣ :ਪੋਲਾ ਬੋਲੋ। (ਪਟਣ) ਸ਼ਹਰ। ਹੱਟ	Hatt Pattan Bij Mandhar Bhannai Kar Choree Ghar Aavai ||	I broke into the shops of the city and well-guarded palaces; stealing from them, I snuck home again.	(ਜਨਮ ਜਨਮਾਂਤਰਾਂ ਵਿਚ ਕੀਤੇ ਕੁਕਰਮਾਂ ਦੇ ਅਸਰ ਹੇਠ ਹੀ) ਮਨੁੱਖ ਸ਼ਹਰਾਂ ਦੀਆਂ ਹੱਟੀਆਂ ਭੰਨਦਾ ਹੈ, ਪੱਕੇ ਘਰ ਭੰਨਦਾ ਹੈ (ਸੰਨ੍ਹ ਲਾਂਦਾ ਹੈ), ਚੋਰੀ ਕਰ ਕੇ (ਮਾਲ ਲੈ ਕੇ) ਆਪਣੇ ਘਰ ਆਉਂਦਾ ਹੈ,
6540	156	ਅਗਹੁ ਦੇਖੈ ਪਿਛਹੁ ਦੇਖੈ ਤੁਝ ਤੇ ਕਹਾ ਛਪਾਵੈ॥੩॥	ਅੱਗਹੁ ਪਿੱਛਹੁ	Agahu Dhaekhai Pishhahu Dhaekhai Thujh Thae Kehaa Shhapaavai ||3||	I looked in front of me, and I looked behind me, but where could I hide from You? ||3||	(ਚੋਰੀ ਦਾ ਮਾਲ ਲਿਆਉਂਦਾ) ਅੱਗੇ ਪਿੱਛੇ ਤੱਕਦਾ ਹੈ (ਕਿ ਕੋਈ ਆਦਮੀ ਵੇਖ ਨ ਲਏ, ਪਰ ਮੂਰਖ ਇਹ ਨਹੀਂ ਸਮਝਦਾ ਕਿ ਹੇ ਪ੍ਰਭੂ!) ਤੇਰੇ ਪਾਸੋਂ ਕਿਤੇ ਲੁਕਾ ਨਹੀਂ ਕਰ ਸਕਦਾ ॥੩॥
6541	156	ਤਟ ਤੀਰਥ ਹਮ ਨਵ ਖੰਡ ਦੇਖੇ ਹਟ ਪਟਣ ਬਾਜਾਰਾ॥	ਧਰਤੀ ਦੇ (ਨਵ) ਨੌਂ ਖੰਡ। ਪਟਣ: ਪੋਲਾ ਬੋਲੋ। ਹੱਟ	Thatt Theerathh Ham Nav Khandd Dhaekhae Hatt Pattan Baajaaraa ||	I saw the banks of sacred rivers, the nine continents, the shops and bazaars of the cities.	(ਇਹਨਾਂ ਕੀਤੇ ਕੁਕਰਮਾਂ ਨੂੰ ਧੋਣ ਲਈ ਅਸੀਂ ਜੀਵ) ਸਾਰੀ ਧਰਤੀ ਦੇ ਸਾਰੇ ਤੀਰਥਾਂ ਦੇ ਦਰਸਨ ਕਰਦੇ ਫਿਰਦੇ ਹਾਂ, ਸਾਰੇ ਸ਼ਹਰਾਂ ਬਜ਼ਾਰਾਂ ਦੀ ਹੱਟੀ ਹੱਟੀ ਵੇਖਦੇ ਹਾਂ (ਭਾਵ, ਭੀਖ ਮੰਗਦੇ ਫਿਰਦੇ ਹਾਂ, ਪਰ ਇਹ ਕੁਕਰਮ ਫਿਰ ਭੀ ਖ਼ਲਾਸੀ ਨਹੀਂ ਕਰਦੇ)।

6542	156	ਲੈ ਕੈ ਤਕੜੀ ਤੋਲਣਿ ਲਾਗਾ ਘਟ ਹੀ ਮਹਿ ਵਣਜਾਰਾ॥੪॥	ਤੱਕੜੀ	Lai Kai Thakarree Tholan Laagaa Ghatt Hee Mehi Vanajaaraa ||4||	Taking the scale, the merchant begins to weigh his actions within his own heart. ||4||	(ਜਦੋਂ ਕੋਈ ਭਾਗਾਂ ਵਾਲਾ ਜੀਵ-) ਵਣਜਾਰਾ (ਤੇਰੀ ਮਿਹਰ ਦਾ ਸਦਕਾ) ਚੰਗੀ ਤਰ੍ਹਾਂ ਪਰਖ-ਵਿਚਾਰ ਕਰਦਾ ਹੈ (ਤਾਂ ਉਸ ਨੂੰ ਸਮਝ ਪੈਂਦੀ ਹੈ ਕਿ ਤੂੰ ਤਾਂ) ਸਾਡੇ ਹਿਰਦੇ ਵਿਚ ਹੀ ਵੱਸਦਾ ਹੈਂ ॥੪॥
6543	156	ਜੇਤਾ ਸਮੁੰਦੁ ਸਾਗਰੁ ਨੀਰਿ ਭਰਿਆ ਤੇਤੇ ਅਉਗਣ ਹਮਾਰੇ॥	(ਨੀਰਿ) ਜਲ	Jaethaa Samundh Saagar Neer Bhariaa Thaethae Aougan Hamaarae ||	As the seas and the oceans are overflowing with water, so vast are my own sins.	(ਹੇ ਮੇਰੇ ਸਾਹਿਬ!) ਜਿਵੇਂ (ਅਮਿਣਵੇਂ) ਪਾਣੀ ਨਾਲ ਸਮੁੰਦਰ ਭਰਿਆ ਹੋਇਆ ਹੈ, ਤਿਵੇਂ ਹੀ ਸਾਡੇ ਜੀਵਾਂ ਦੇ ਅਣਗਿਣਤ ਹੀ ਔਗੁਣ ਹਨ।
6544	156	ਦਇਆ ਕਰਹੁ ਕਿਛੁ ਮਿਹਰ ਉਪਾਵਹੁ ਡੁਬਦੇ ਪਥਰ ਤਾਰੇ॥੫॥	(ਉਪਾਵਹੁ) ਕਰੋ	Dhaeiaa Karahu Kishh Mihar Oupaavahu Ddubadhae Pathhar Thaarae ||5||	Please, shower me with Your Mercy, and take pity upon me. I am a sinking stone - please carry me across! ||5||	(ਅਸੀਂ ਇਹਨਾਂ ਨੂੰ ਧੋ ਸਕਣ ਤੋਂ ਅਸਮਰਥ ਹਾਂ), ਤੂੰ ਆਪ ਹੀ ਦਇਆ ਕਰ ਮਿਹਰ ਕਰ। ਤੂੰ ਤਾਂ ਡੁੱਬਦੇ ਪੱਥਰਾਂ ਨੂੰ ਭੀ ਤਾਰ ਸਕਦਾ ਹੈਂ ॥੫॥
6545	156	ਜੀਅੜਾ ਅਗਨਿ ਬਰਾਬਰਿ ਤਪੈ ਭੀਤਰਿ ਵਗੈ ਕਾਤੀ॥	(ਕਾਤੀ) ਛੁਰੀ। ਤਪੈ, ਵਗੈ: ਪੋਲੇ ਬੋਲੋ	Jeearraa Agan Baraabar Thapai Bheethar Vagai Kaathee ||	My soul is burning like fire, and the knife is cutting deep.	(ਹੇ ਮੇਰੇ ਸਾਹਿਬ!) ਮੇਰੀ ਜਿੰਦ ਅੱਗ ਵਾਂਗ ਤਪ ਰਹੀ ਹੈ, ਮੇਰੇ ਅੰਦਰ ਤ੍ਰਿਸ਼ਨਾ ਦੀ ਛੁਰੀ ਚੱਲ ਰਹੀ ਹੈ।

6546	156	ਪ੍ਰਣਵਤਿ ਨਾਨਕੁ ਹੁਕਮੁ ਪਛਾਣੈ ਸੁਖੁ ਹੋਵੈ ਦਿਨੁ ਰਾਤੀ॥੬॥੫॥੧੭॥		Pranavath Naanak Hukam Pashhaanai Sukh Hovai Dhin Raathee ||6||5||17||	Prays Nanak, recognizing the Lord's Command, I am at peace, day and night. ||6||5||17||	ਨਾਨਕ ਬੇਨਤੀ ਕਰਦਾ ਹੈ-ਜੋ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ ਸਮਝ ਲੈਂਦਾ ਹੈ, ਉਸ ਦੇ ਅੰਦਰ ਦਿਨ ਰਾਤ (ਹਰ ਵੇਲੇ ਹੀ) ਆਤਮਕ ਆਨੰਦ ਬਣਿਆ ਰਹਿੰਦਾ ਹੈ ॥੬॥੫॥੧੭॥
6547	156	ਗਉੜੀ ਬੈਰਾਗਣਿ ਮਹਲਾ ੧॥		Gourree Bairaagan Mehalaa 1 ||	Gauree Bairaagan, First Mehl:	
6548	156	ਰੈਣਿ ਗਵਾਈ ਸੋਇ ਕੈ ਦਿਵਸੁ ਗਵਾਇਆ ਖਾਇ॥		Rain Gavaaee Soe Kai Dhivas Gavaaeiaa Khaae ||	The nights are wasted sleeping, and the days are wasted eating.	(ਹੇ ਮੂਰਖ!) ਤੂੰ ਰਾਤ ਸੌਂ ਕੇ ਗੁਜ਼ਾਰਦਾ ਜਾ ਰਿਹਾ ਹੈਂ ਤੇ ਦਿਨ ਖਾ ਖਾ ਕੇ ਵਿਅਰਥ ਬਿਤਾਂਦਾ ਜਾਂਦਾ ਹੈਂ।
6549	156	ਹੀਰੇ ਜੈਸਾ ਜਨਮੁ ਹੈ ਕਉਡੀ ਬਦਲੇ ਜਾਇ॥੧॥		Heerae Jaisaa Janam Hai Kouddee Badhalae Jaae ||1||	Human life is such a precious jewel, but it is being lost in exchange for a mere shell. ||1||	ਤੇਰਾ ਇਹ ਮਨੁੱਖਾ ਜਨਮ ਹੀਰੇ ਵਰਗਾ ਕੀਮਤੀ ਹੈ, ਪਰ (ਸਿਮਰਨ-ਹੀਨ ਹੋਣ ਕਰਕੇ) ਕੌਡੀ ਦੇ ਭਾ ਜਾ ਰਿਹਾ ਹੈ ॥੧॥
6550	156	ਨਾਮੁ ਨ ਜਾਨਿਆ ਰਾਮ ਕਾ॥		Naam N Jaaniaa Raam Kaa ||	You do not know the Name of the Lord.	ਹੇ ਮੂਰਖ! ਤੂੰ ਪਰਮਾਤਮਾ ਦੇ ਨਾਮ ਨਾਲ ਡੂੰਘੀ ਸਾਂਝ ਨਹੀਂ ਪਾਈ।

6551	156	ਮੂੜੇ ਫਿਰਿ ਪਾਛੈ ਪਛੁਤਾਹਿ ਰੇ॥੧॥ਰਹਾਉ॥		Moorrae Fir Paashhai Pashhuthaahi Rae ||1|| Rehaao ||	You fool - you shall regret and repent in the end! ||1||Pause||	(ਇਹ ਮਨੁੱਖਾ ਜੀਵਨ ਹੀ ਸਿਮਰਨ ਦਾ ਸਮਾ ਹੈ, ਜਦੋਂ ਇਹ ਉਮਰ ਸਿਮਰਨ ਤੋਂ ਬਿਨਾ ਹੀ ਲੰਘ ਗਈ, ਤਾਂ) ਹੇ ਮੂਰਖ! ਮੁੜ ਸਮਾ ਬੀਤ ਜਾਣ ਤੇ ਅਫ਼ਸੋਸ ਕਰੇਂਗਾ ॥੧॥ ਰਹਾਉ ॥
6552	156	ਅਨਤਾ ਧਨੁ ਧਰਣੀ ਧਰੇ ਅਨਤ ਨ ਚਾਹਿਆ ਜਾਇ॥	(ਅਨਤਾ) ਬੇਅੰਤ। (ਧਰਣੀ) ਧਰਤੀ। (ਅਨਤ) ਬੇਅੰਤ ਵਾਹਿਗੁਰੂ ਜੀ	Anathaa Dhhan Dhharanee Dhharae Anath N Chaahiaa Jaae ||	You bury your temporary wealth in the ground, but how can you love that which is temporary?	ਜੇ ਮਨੁੱਖ (ਨਿਰਾ) ਬੇਅੰਤ ਧਨ ਹੀ ਇਕੱਠਾ ਕਰਦਾ ਰਹਿੰਦਾ ਹੈ, ਉਸ ਦੇ ਅੰਦਰ ਬੇਅੰਤ ਪ੍ਰਭੂ ਨੂੰ ਸਿਮਰਨ ਦੀ ਤਾਂਘ ਪੈਦਾ ਨਹੀਂ ਹੋ ਸਕਦੀ।
6553	156	ਅਨਤ ਕਉ ਚਾਹਨ ਜੋ ਗਏ ਸੇ ਆਏ ਅਨਤ ਗਵਾਇ॥੨॥		Anath Ko Chaahan Jo Geae Sae Aaeae Anath Gavaae ||2||	Those who have departed, after craving for temporary wealth, have returned home without this temporary wealth. ||2||	ਜੋ ਜੋ ਭੀ ਬੇਅੰਤ ਦੌਲਤ ਦੀ ਲਾਲਸਾ ਵਿਚ ਦੌੜੇ ਫਿਰਦੇ ਹਨ, ਉਹ ਬੇਅੰਤ ਪ੍ਰਭੂ ਦੇ ਨਾਮ-ਧਨ ਨੂੰ ਗਵਾ ਲੈਂਦੇ ਹਨ ॥੨॥
6554	156	ਆਪਣ ਲੀਆ ਜੇ ਮਿਲੈ ਤਾ ਸਭੁ ਕੋ ਭਾਗਠੁ ਹੋਇ॥	(ਭਾਗਠੁ) ਭਾਗਾਂ ਵਾਲਾ	Aapan Leeaa Jae Milai Thaa Sabh Ko Bhaagath Hoe ||	If people could gather it in by their own efforts, then everyone would be so lucky.	(ਪਰ) ਜੇ ਨਿਰੀ ਇੱਛਾ ਕੀਤਿਆਂ ਹੀ ਨਾਮ-ਧਨ ਮਿਲ ਸਕਦਾ ਹੋਵੇ, ਤਾਂ ਹਰੇਕ ਜੀਵ ਨਾਮ-ਧਨ ਦੇ ਖ਼ਜ਼ਾਨਿਆਂ ਦਾ ਮਾਲਕ ਬਣ ਜਾਏ।

6555	157	ਕਰਮਾ ਉਪਰਿ ਨਿਬੜੈ ਜੇ ਲੋਚੈ ਸਭੁ ਕੋਇ॥੩॥		Karamaa Oupar Nibarrai Jae Lochai Sabh Koe ||3||	According to the karma of past actions, one's destiny unfolds, even though everyone wants to be so lucky. ||3||	ਭਾਵੇਂ ਜੀਕਰ ਹਰੇਕ ਮਨੁੱਖ (ਨਿਰਾ ਜ਼ਬਾਨੀ ਜ਼ਬਾਨੀ) ਨਾਮ-ਧਨ ਦੀ ਲਾਲਸਾ ਕਰੇ, ਪਰ ਇਹ ਹਰੇਕ ਦੇ ਅਮਲਾਂ ਉੱਤੇ ਹੀ ਫ਼ੈਸਲਾ ਹੁੰਦਾ ਹੈ (ਕਿ ਕਿਸ ਨੂੰ ਪ੍ਰਾਪਤੀ ਹੋਵੇਗੀ। ਸੋ, ਨਿਰਾ ਦੁਨੀਆ ਦੀ ਖ਼ਾਤਰ ਨਾਹ ਭਟਕੋ) ॥੩॥
6556	157	ਨਾਨਕ ਕਰਣਾ ਜਿਨਿ ਕੀਆ ਸੋਈ ਸਾਰ ਕਰੇਇ॥	(ਸਾਰ) ਸੰਭਾਲ	Naanak Karanaa Jin Keeaa Soee Saar Karaee ||	O Nanak, the One who created the creation - He alone takes care of it.	ਹੇ ਨਾਨਕ! ਜਿਸ ਪਰਮਾਤਮਾ ਨੇ ਇਹ ਜਗਤ ਰਚਿਆ ਹੈ, ਉਹ ਹਰੇਕ ਜੀਵ ਦੀ ਸੰਭਾਲ ਕਰਦਾ ਹੈ।
6557	157	ਹੁਕਮੁ ਨ ਜਾਪੀ ਖਸਮ ਕਾ ਕਿਸੈ ਵਡਾਈ ਦੇਇ॥੪॥੧॥੧੮॥	(ਜਾਪੀ) ਜਾਨਣਾ, ਜਾਪ ਜਪਣ ਵਾਲਾ	Hukam N Jaapee Khasam Kaa Kisai Vaddaaee Dhaee ||4||1||18||	The Hukam of our Lord and Master's Command cannot be known; He Himself blesses us with greatness. ||4||1||18||	(ਉੱਦਮ ਦੇ ਫਲ ਬਾਰੇ) ਉਸ ਖਸਮ ਦਾ ਹੁਕਮ ਸਮਝਿਆ ਨਹੀਂ ਜਾ ਸਕਦਾ, (ਇਹ ਪਤਾ ਨਹੀਂ ਲੱਗ ਸਕਦਾ) ਕਿ ਕਿਸ ਮਨੁੱਖ ਨੂੰ ਉਹ (ਨਾਮ ਜਪਣ ਦੀ) ਵਡਿਆਈ ਦੇ ਦੇਂਦਾ ਹੈ (ਅਸੀਂ ਜੀਵ ਕਿਸੇ ਮਨੁੱਖ ਦੇ ਦਿੱਸਦੇ ਉੱਦਮ ਤੇ ਗ਼ਲਤੀ ਖਾ ਸਕਦੇ ਹਾਂ। ਉੱਦਮ ਕਰਦੇ ਹੋਏ ਭੀ ਪ੍ਰਭੂ ਪਾਸੋਂ ਮਿਹਰ ਦੀ ਦਾਤ ਮੰਗਦੇ ਰਹੋ) ॥੪॥੧॥੧੮॥
6558	157	ਗਉੜੀ ਬੈਰਾਗਣਿ ਮਹਲਾ ੧॥		Gourree Bairaagan Mehalaa 1 ||	Gauree Bairaagan, First Mehl:	

6559	157	ਹਰਣੀ ਹੋਵਾ ਬਨਿ ਬਸਾ ਕੰਦ ਮੂਲ ਚੁਣਿ ਖਾਉ॥		Haranee Hovaa Ban Basaa Kandh Mool Chun Khaao ||	What if I were to become a deer, and live in the forest, picking and eating fruits and roots	(ਹਰਣੀ ਜੰਗਲ ਵਿਚ ਘਾਹ-ਬੂਟ ਚੁਣ ਕੇ ਖਾਂਦੀ ਹੈ ਤੇ ਮੌਜ ਵਿਚ ਚੁੰਗੀਆਂ ਮਾਰਦੀ ਹੈ (ਹੇ ਪ੍ਰਭੂ! ਤੇਰਾ ਨਾਮ ਮੇਰੀ ਜਿੰਦ ਲਈ ਖ਼ੁਰਾਕ ਬਣੇ, ਜਿਵੇਂ ਹਰਣੀ ਲਈ ਕੰਦ-ਮੂਲ ਹੈ। ਮੈਂ ਤੇਰੇ ਨਾਮ-ਰਸ ਨੂੰ ਪ੍ਰੀਤ ਨਾਲ ਖਾਵਾਂ, ਮੈਂ ਸੰਸਾਰ-ਬਨ ਵਿਚ ਬੇ-ਮੁਥਾਜ ਹੋ ਕੇ ਵਿਚਰਾਂ ਜਿਵੇਂ ਹਰਣੀ ਜੰਗਲ ਵਿਚ।
6560	157	ਗੁਰ ਪਰਸਾਦੀ ਮੇਰਾ ਸਹੁ ਮਿਲੈ ਵਾਰਿ ਵਾਰਿ ਹਉ ਜਾਉ ਜੀਉ॥੧॥		Gur Parasaadhee Maeraa Sahu Milai Vaar Vaar Ho Jaao Jeeo ||1||	- by Guru's Grace, I am a sacrifice to my Master. Again and again, I am a sacrifice, a sacrifice. ||1||	ਜੇ ਗੁਰੂ ਦੀ ਕ੍ਰਿਪਾ ਨਾਲ ਮੇਰਾ ਖਸਮ-ਪ੍ਰਭੂ ਮੈਨੂੰ ਮਿਲ ਪਏ, ਤਾਂ ਮੈਂ ਮੁੜ ਮੁੜ ਉਸ ਤੋਂ ਸਦਕੇ ਕੁਰਬਾਨ ਜਾਵਾਂ ॥੧॥
6561	157	ਮੈ ਬਨਜਾਰਨਿ ਰਾਮ ਕੀ॥		Mai Banajaaran Raam Kee ||	I am the shop-keeper of the Lord.	(ਹੇ ਪ੍ਰਭੂ! ਜੇ ਤੇਰੀ ਮਿਹਰ ਹੋਵੇ ਤਾਂ) ਮੈਂ ਤੇਰੇ ਨਾਮ ਦੀ ਵਣਜਾਰਨ ਬਣ ਜਾਵਾਂ,
6562	157	ਤੇਰਾ ਨਾਮੁ ਵਖਰੁ ਵਾਪਾਰੁ ਜੀ॥੧॥ਰਹਾਉ॥	(ਵੱਖਰੁ) ਲਾਭਦਾਇਕ ਸੌਦਾ	Thaeraa Naam Vakhar Vaapaar Jee ||1|| Rehaao ||	Your Name is my merchandise and trade. ||1||Pause||	ਤੇਰਾ ਨਾਮ ਮੇਰਾ ਸੌਦਾ ਬਣੇ, ਤੇਰੇ ਨਾਮ ਨੂੰ ਵਿਹਾੜਾਂ ॥੧॥ ਰਹਾਉ ॥

6563	157	ਕੋਕਿਲ ਹੋਵਾ ਅੰਬਿ ਬਸਾ ਸਹਜਿ ਸਬਦ ਬੀਚਾਰੁ॥		Kokil Hovaa Anb Basaa Sehaj Sabadh Beechaar ||	If I were to become a cuckoo, living in a mango tree, I would still contemplate the Word of the Shabad.	(ਕੋਇਲ ਦੀ ਅੰਬ ਨਾਲ ਪ੍ਰੀਤਿ ਪ੍ਰਸਿੱਧ ਹੈ। ਅੰਬ ਉਤੇ ਬੈਠ ਕੇ ਕੋਇਲ ਮਿੱਠੀ ਮਸਤ ਸੁਰ ਵਿਚ ਕੂਕਦੀ ਹੈ। ਜੇ ਮੇਰੀ ਪ੍ਰੀਤਿ ਪ੍ਰਭੂ ਨਾਮ ਉਹੋ ਜੇਹੀ ਹੋ ਜਾਏ ਜੈਸੀ ਕੋਇਲ ਦੀ ਅੰਬ ਨਾਲ ਹੈ ਤਾਂ) ਮੈਂ ਕੋਇਲ ਬਣਾਂ, ਅੰਬ ਉਤੇ ਬੈਠਾਂ (ਭਾਵ ਪ੍ਰਭੂ-ਨਾਮ ਨੂੰ ਆਪਣੀ ਜ਼ਿੰਦਗੀ ਦਾ ਸਹਾਰਾ ਬਣਾਵਾਂ) ਤੇ ਮਸਤ ਅਡੋਲ ਹਾਲਤ ਵਿਚ ਟਿਕ ਕੇ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਦੀ ਵਿਚਾਰ ਕਰਾਂ (ਸ਼ਬਦ ਵਿਚ ਚਿੱਤ ਜੋੜਾਂ)।
6564	157	ਸਹਜਿ ਸੁਭਾਇ ਮੇਰਾ ਸਹੁ ਮਿਲੈ ਦਰਸਨਿ ਰੂਪਿ ਅਪਾਰੁ॥੨॥		Sehaj Subhaae Maeraa Sahu Milai Dharasan Roop Apaar ||2||	I would still meet my Lord and Master, with intuitive ease; the Darshan, the Blessed Vision of His Form, is incomparably beautiful. ||2||	ਮਸਤ ਅਡੋਲ ਅਵਸਥਾ ਵਿਚ ਟਿਕਿਆਂ, ਪ੍ਰੇਮ ਵਿਚ ਜੁੜਿਆਂ ਹੀ ਪਿਆਰਾ ਦਰਸ਼ਨੀ ਸੋਹਣਾ ਬੇਅੰਤ ਪ੍ਰਭੂ-ਪਤੀ ਮਿਲਦਾ ਹੈ ॥੨॥
6565	157	ਮਛੁਲੀ ਹੋਵਾ ਜਲਿ ਬਸਾ ਜੀਅ ਜੰਤ ਸਭਿ ਸਾਰਿ॥		Mashhulee Hovaa Jal Basaa Jeea Janth Sabh Saar ||	If I were to become a fish, living in the water, I would still remember the Lord, who watches over all beings and creatures.	(ਮੱਛੀ ਪਾਣੀ ਤੋਂ ਬਿਨਾ ਨਹੀਂ ਜਿਉ ਸਕਦੀ। ਪ੍ਰਭੂ ਨਾਲ ਜੇ ਮੇਰੀ ਪ੍ਰੀਤਿ ਭੀ ਇਹੋ ਜਿਹੀ ਬਣ ਜਾਏ, ਤਾਂ) ਮੈਂ ਮੱਛੀ ਬਣਾਂ, ਸਦਾ ਉਸ ਜਲ-ਪ੍ਰਭੂ ਵਿਚ ਟਿਕੀ ਰਹਾਂ ਜੋ ਸਾਰੇ ਜੀਵ-ਜੰਤਾਂ ਦੀ ਸੰਭਾਲ ਕਰਦਾ ਹੈ।

6566	157	ਉਰਵਾਰਿ ਪਾਰਿ ਮੇਰਾ ਸਹੁ ਵਸੈ ਹਉ ਮਿਲਉਗੀ ਬਾਹ ਪਸਾਰਿ॥੩॥	ਮਿਲਉ–ਗੀ	Ouravaar Paar Maeraa Sahu Vasai Ho Milougee Baah Pasaar ||3||	My Husband Lord dwells on this shore, and on the shore beyond; I would still meet Him, and hug Him close in my embrace. ||3||	ਪਿਆਰਾ ਪ੍ਰਭੂ-ਪਤੀ (ਇਸ ਸੰਸਾਰ-ਸਮੁੰਦਰ ਦੇ ਅਸਗਾਹ ਜਲ ਦੇ) ਉਰਲੇ ਪਾਰਲੇ ਪਾਸੇ (ਹਰ ਥਾਂ) ਵੱਸਦਾ ਹੈ (ਜਿਵੇਂ ਮੱਛੀ ਆਪਣੇ ਬਾਜ਼ੂ ਖਿਲਾਰ ਕੇ ਪਾਣੀ ਵਿਚ ਤਾਰੀਆਂ ਲਾਂਦੀ ਹੈ) ਮੈਂ (ਭੀ) ਆਪਣੀਆਂ ਬਾਹਾਂ ਖਿਲਾਰ ਕੇ (ਭਾਵ, ਨਿਸੰਗ ਹੋ ਕੇ) ਉਸ ਨੂੰ ਮਿਲਾਂਗੀ ॥੩॥
6567	157	ਨਾਗਨਿ ਹੋਵਾ ਧਰ ਵਸਾ ਸਬਦੁ ਵਸੈ ਭਉ ਜਾਇ॥	(ਧਰ) ਧਰਤੀ	Naagan Hovaa Dhhar Vasaa Sabadh Vasai Bho Jaae ||	If I were to become a snake, living in the ground, the Shabad would still dwell in my mind, and my fears would be dispelled.	(ਸਪਣੀ ਬੀਨ ਉੱਤੇ ਮਸਤ ਹੁੰਦੀ ਹੈ। ਪ੍ਰਭੂ ਨਾਲ ਜੇ ਮੇਰੀ ਪ੍ਰੀਤਿ ਭੀ ਇਹੋ ਜਿਹੀ ਬਣ ਜਾਏ, ਤਾਂ) ਮੈਂ ਸਪਣੀ ਬਣਾਂ, ਧਰਤੀ ਵਿਚ ਵੱਸਾਂ (ਭਾਵ, ਸਭ ਦੀ ਚਰਨ-ਧੂੜ ਹੋਵਾਂ, ਮੇਰੇ ਅੰਦਰ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲਾ) ਗੁਰ-ਸ਼ਬਦ ਵੱਸੇ (ਜਿਵੇਂ ਬੀਨ ਵਿਚ ਮਸਤ ਹੋ ਕੇ ਸਪਣੀ ਨੂੰ ਵੈਰੀ ਦੀ ਸੁੱਧ-ਬੁੱਧ ਭੁਲ ਜਾਂਦੀ ਹੈ) ਮੇਰਾ ਭੀ (ਦੁਨੀਆ ਵਾਲਾ ਸਾਰਾ) ਡਰ-ਭਉ ਦੂਰ ਹੋ ਜਾਏ।

6568	157	ਨਾਨਕ ਸਦਾ ਸੋਹਾਗਣੀ ਜਿਨ ਜੋਤੀ ਜੋਤਿ ਸਮਾਇ॥੪॥੨॥੧੯॥		Naanak Sadhaa Sohaaganee Jin Jothee Joth Samaae ||4||2||19||	O Nanak, they are forever the happy soul-brides, whose light merges into His Light. ||4||2||19||	ਹੇ ਨਾਨਕ! ਜਿਨ੍ਹਾਂ ਜੀਵ-ਇਸਤ੍ਰੀਆਂ ਦੀ ਜੋਤਿ (ਸੁਰਤਿ) ਸਦਾ ਜੋਤਿ-ਰੂਪ ਪ੍ਰਭੂ ਵਿਚ ਟਿਕੀ ਰਹਿੰਦੀ ਹੈ, ਉਹ ਬੜੀਆਂ ਭਾਗਾਂ ਵਾਲੀਆਂ ਹਨ ॥੪॥੨॥੧੯॥
6569	157	ਗਉੜੀ ਪੂਰਬੀ ਦੀਪਕੀ ਮਹਲਾ ੧		Gourree Poorabee Dheepakee Mehalaa 1	Gauree Poorbee Deepkee, First Mehl:	ਰਾਗ ਗਉੜੀ-ਪੂਰਬੀ-ਦੀਪਕੀ ਵਿੱਚ ਗੁਰੂ ਨਾਨਕ ਜੀ ਦੀ ਬਾਣੀ।
6570	157	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
6571	157	ਜੈ ਘਰਿ ਕੀਰਤਿ ਆਖੀਐ ਕਰਤੇ ਕਾ ਹੋਇ ਬੀਚਾਰੋ॥		Jai Ghar Keerath Aakheeai Karathae Kaa Hoe Beechaaro ||	In that house where the Praises of the Creator are chanted	ਜਿਸ (ਸਾਧ-ਸੰਗਤਿ-) ਘਰ ਵਿਚ (ਪਰਮਾਤਮਾ ਦੀ) ਸਿਫ਼ਤ-ਸਾਲਾਹ ਆਖੀਦੀ ਹੈ ਤੇ ਕਰਤਾਰ ਦੇ ਗੁਣਾਂ ਦੀ ਵਿਚਾਰ ਹੁੰਦੀ ਹੈ (ਹੇ ਜਿੰਦ-ਕੁੜੀਏ!)
6572	157	ਤਿਤੁ ਘਰਿ ਗਾਵਹੁ ਸੋਹਿਲਾ ਸਿਵਰਹੁ ਸਿਰਜਣਹਾਰੋ॥੧॥		Thith Ghar Gaavahu Sohilaa Sivarahu Sirajanehaaro ||1||	- in that house, sing the Songs of Praise, and meditate in remembrance on the Creator Lord. ||1||	ਉਸ ਸਤਸੰਗ-ਘਰ ਵਿਚ (ਜਾ ਕੇ ਤੂੰ ਭੀ) ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ (ਸੁਹਾਗ ਮਿਲਾਪ ਦੀ ਤਾਂਘ ਦੇ ਸ਼ਬਦ) ਗਾ, ਤੇ ਆਪਣੇ ਪੈਦਾ ਕਰਨ ਵਾਲੇ ਪ੍ਰਭੂ ਨੂੰ ਯਾਦ ਕਰ ॥੧॥

6573	157	ਤੁਮ ਗਾਵਹੁ ਮੇਰੇ ਨਿਰਭਉ ਕਾ ਸੋਹਿਲਾ॥		Thum Gaavahu Maerae Nirabho Kaa Sohilaa ||	Sing the Songs of Praise of my Fearless Lord.	(ਹੇ ਜਿੰਦੇ!) ਤੂੰ (ਸਤਸੰਗੀਆਂ ਨਾਲ ਮਿਲ ਕੇ) ਪਿਆਰੇ ਨਿਰਭਉ (ਖਸਮ) ਦੀ ਸਿਫ਼ਤ-ਸਾਲਾਹ ਦੇ ਗੀਤ ਗਾ (ਤੇ ਆਖ-)
6574	157	ਹਉ ਵਾਰੀ ਜਾਉ ਜਿਤੁ ਸੋਹਿਲੈ ਸਦਾ ਸੁਖੁ ਹੋਇ॥੧॥ਰਹਾਉ॥	(ਜਿਤ) ਜਿਸ। (ਸੋਹਿਲੈ) ਜਸ। ਕੀਰਤਨ ਸੋਹਿਲੇ ਬਾਣੀ ਵਿੱਚ ਜਾਉ ਅੱਖਰ ਨਹੀਂ ਹੈ, ਬਾਕੀ ਤੁਕ ਓਹੀ ਹੈ।	Ho Vaaree Jaao Jith Sohilai Sadhaa Sukh Hoe ||1|| Rehaao ||	I am a sacrifice to that Song of Praise which brings eternal peace. ||1||Pause||	ਮੈਂ ਸਦਕੇ ਹਾਂ ਉਸ ਸਿਫ਼ਤਿ ਦੇ ਗੀਤ ਤੋਂ ਜਿਸ ਦੀ ਬਰਕਤ ਨਾਲ ਸਦਾ ਦਾ ਸੁਖ ਮਿਲਦਾ ਹੈ ॥੧॥ ਰਹਾਉ ॥
6575	157	ਨਿਤ ਨਿਤ ਜੀਅੜੇ ਸਮਾਲੀਅਨਿ ਦੇਖੈਗਾ ਦੇਵਣਹਾਰੁ॥		Nith Nith Jeearrae Samaaleean Dhaekhaigaa Dhaevanehaar ||	Day after day, He cares for His beings; the Great Giver watches over all.	(ਹੇ ਜਿੰਦੇ! ਜਿਸ ਖਸਮ ਦੀ ਹਜ਼ੂਰੀ ਵਿਚ) ਸਦਾ ਹੀ ਜੀਵਾਂ ਦੀ ਸੰਭਾਲ ਹੋ ਰਹੀ ਹੈ, ਜੋ ਦਾਤਾਂ ਦੇਣ ਵਾਲਾ ਮਾਲਕ (ਹਰੇਕ ਜੀਵ ਦੀ) ਸੰਭਾਲ ਕਰਦਾ ਹੈ।
6576	157	ਤੇਰੇ ਦਾਨੈ ਕੀਮਤਿ ਨਾ ਪਵੈ ਤਿਸੁ ਦਾਤੇ ਕਵਣੁ ਸੁਮਾਰੁ॥੨॥	(ਦਾਨੈ) ਦਾਨ ਦੀ। (ਸੁਮਾਰੁ) ਗਿਣਤੀ	Thaerae Dhaanai Keemath Naa Pavai This Dhaathae Kavan Sumaar ||2||	Your gifts cannot be appraised; how can anyone compare to the Giver? ||2||	(ਜਿਸ ਦਾਤਾਰ ਦੀਆਂ) ਦਾਤਾਂ ਦਾ ਮੁੱਲ (ਹੇ ਜਿੰਦੇ!) ਤੇਰੇ ਪਾਸੋਂ ਨਹੀਂ ਪੈ ਸਕਦਾ, ਉਸ ਦਾਤਾਰ ਦਾ ਕੀਹ ਅੰਦਾਜ਼ਾ (ਤੂੰ ਲਾ ਸਕਦੀ ਹੈਂ)? (ਭਾਵ, ਉਹ ਦਾਤਾਰ-ਪ੍ਰਭੂ ਬਹੁਤ ਬੇਅੰਤ ਹੈ) ॥੨॥

6577	157	ਸੰਬਤਿ ਸਾਹਾ ਲਿਖਿਆ ਮਿਲਿ ਕਰਿ ਪਾਵਹੁ ਤੇਲੁ॥	(ਸੰਬਤਿ) ਸਾਲ। ਪ੍ਰਭੂ ਮਿਲਣ ਦਾ (ਸਾਹਾ) ਦਿਨ	Sanbath Saahaa Likhiaa Mil Kar Paavahu Thael ||	The day of my wedding is pre-ordained. Come - let's gather together and pour the oil over the threshold.	(ਸਤਸੰਗ ਵਿਚ ਜਾ ਕੇ, ਹੇ ਜਿੰਦੇ! ਅਰਜ਼ੋਈ ਕਰਿਆ ਕਰ-) ਉਹ ਸੰਮਤ ਉਹ ਦਿਹਾੜਾ (ਪਹਿਲਾਂ ਹੀ) ਮਿਥਿਆ ਹੋਇਆ ਹੈ (ਜਦੋਂ ਪਤੀ ਦੇ ਦੇਸ ਜਾਣ ਲਈ ਮੇਰੇ ਵਾਸਤੇ ਮੌਤ-ਪਹੋਚਾ ਆਉਣਾ ਹੈ।
6578	157	ਦੇਹੁ ਸਜਣ ਅਸੀਸੜੀਆ ਜਿਉ ਹੋਵੈ ਸਾਹਿਬ ਸਿਉ ਮੇਲੁ॥੩॥		Dhaehu Sajan Aaseesarreeaa Jio Hovai Saahib Sio Mael ||3||	My friends, give me your blessings, that I may merge with my Lord and Master. ||3||	ਹੇ ਸਤਸੰਗੀ ਸਹੇਲੀਓ!) ਰਲ ਕੇ ਮੈਨੂੰ ਮਾਂਈਏਂ ਪਾਓ, ਤੇ, ਹੇ ਸੱਜਣ (ਸਹੇਲੀਓ!) ਮੈਨੂੰ ਸੋਹਣੀਆਂ ਅਸੀਸਾਂ ਭੀ ਦਿਉ (ਭਾਵ, ਮੇਰੇ ਲਈ ਅਰਦਾਸ ਭੀ ਕਰੋ) ਜਿਵੇਂ ਪਤੀ-ਪ੍ਰਭੂ ਨਾਲ ਮੇਰਾ ਮੇਲ ਹੋ ਜਾਏ ॥੩॥
6579	157	ਘਰਿ ਘਰਿ ਏਹੋ ਪਾਹੁਚਾ ਸਦੜੇ ਨਿਤ ਪਵੰਨਿ॥	(ਪਾਹੁਚਾ) ਸੁਨੇਹਾ। (ਪਵੰਨਿ) ਪੈਂਦੇ ਹਨ	Ghar Ghar Eaeho Paahuchaa Sadharrae Nith Pavann ||	Unto each and every home, into each and every heart, this summons is sent out; the call comes each and every day.	(ਪਰਲੋਕ ਵਿਚ ਜਾਣ ਲਈ ਮੌਤ-ਰੂਪ) ਇਹ ਪਹੋਚਾ ਹਰੇਕ ਘਰ ਵਿਚ ਆ ਰਿਹਾ ਹੈ, ਇਹ ਸੱਦੇ ਨਿੱਤ ਪੈ ਰਹੇ ਹਨ;
6580	157	ਸਦਣਹਾਰਾ ਸਿਮਰੀਐ ਨਾਨਕ ਸੇ ਦਿਹ ਆਵੰਨਿ॥੪॥੧॥੨੦॥	(ਦਿਹ) ਦਿਨ	Sadhanehaaraa Simareeai Naanak Sae Dhih Aavann ||4||1||20||	Remember in meditation the One who summons us; O Nanak, that day is drawing near! ||4||1||20||	(ਹੇ ਸਤਸੰਗੀਓ!) ਉਸ ਸੱਦਾ ਭੇਜਣ ਵਾਲੇ ਪਤੀ-ਪ੍ਰਭੂ ਨੂੰ ਯਾਦ ਕਰਨਾ ਚਾਹੀਦਾ ਹੈ, (ਕਿਉਂਕਿ) ਹੇ ਨਾਨਕ! (ਸਾਡੇ ਭੀ) ਉਹ ਦਿਨ (ਨੇੜੇ) ਆ ਰਹੇ ਹਨ ॥੪॥੧॥੨੦॥

6581	157	ਰਾਗੁ ਗਉੜੀ ਮਹਲਾ ੩ ਚਉਪਦੇ		Raag Gourree Guaaraeree ||	Raag Gauree Gwaarayree:	ਰਾਗ ਗਉੜੀ-ਗੁਆਰੇਰੀ ਵਿੱਚ-
6582	157	ੴ ਸਤਿਗੁਰ ਪ੍ਰਸਾਦਿ॥		Mehalaa 3 Choupadhae ||	Third Mehl, Chau-Padas:	ਗੁਰੂ ਅਮਰਦਾਸ ਜੀ ਦੀ ਚਾਰ-ਪਦਿਆਂ ਵਾਲੀ ਬਾਣੀ।
6583	157	ਗਉੜੀ ਗੁਆਰੇਰੀ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
6584	157	ਗੁਰਿ ਮਿਲਿਐ ਹਰਿ ਮੇਲਾ ਹੋਈ॥		Gur Miliai Har Maelaa Hoee ||	Meeting the Guru, we meet the Lord.	ਜੇ ਗੁਰੂ ਮਿਲ ਪਏ ਤਾਂ ਪਰਮਾਤਮਾ ਨਾਲ ਮਿਲਾਪ ਹੋ ਜਾਂਦਾ ਹੈ,
6585	157	ਆਪੇ ਮੇਲਿ ਮਿਲਾਵੈ ਸੋਈ॥		Aapae Mael Milaavai Soee ||	He Himself unites us in His Union.	ਉਹ ਪਰਮਾਤਮਾ ਆਪ ਹੀ (ਜੀਵ ਨੂੰ ਗੁਰੂ ਨਾਲ) ਮਿਲਾ ਕੇ (ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈ।
6586	157	ਮੇਰਾ ਪ੍ਰਭੁ ਸਭ ਬਿਧਿ ਆਪੇ ਜਾਣੈ॥	ਬਿਧਿ: ਪੋਲਾ ਬੋਲੋ	Maeraa Prabh Sabh Bidhh Aapae Jaanai ||	My God knows all His Own Ways.	ਪਿਆਰਾ ਪ੍ਰਭੂ ਆਪ ਹੀ (ਜੀਵਾਂ ਨੂੰ ਆਪਣੇ ਚਰਨਾਂ ਵਿਚ ਮਿਲਣ ਦੇ) ਸਾਰੇ ਤਰੀਕੇ ਜਾਣਦਾ ਹੈ।
6587	157	ਹੁਕਮੇ ਮੇਲੇ ਸਬਦਿ ਪਛਾਣੈ॥੧॥		Hukamae Maelae Sabadh Pashhaanai ||1||	By the Hukam of His Command, He unites those who recognize the Word of the Shabad. ||1||	(ਜਿਸ ਮਨੁੱਖ ਨੂੰ ਪਰਮਾਤਮਾ ਆਪਣੇ) ਹੁਕਮ ਅਨੁਸਾਰ (ਗੁਰੂ ਨਾਲ) ਮਿਲਾਂਦਾ ਹੈ, ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਨਾਲ ਸਾਂਝ ਪਾ ਲੈਂਦਾ ਹੈ ॥੧॥

6588	157	ਸਤਿਗੁਰ ਕੈ ਭਇ ਭ੍ਰਮੁ ਭਉ ਜਾਇ॥		Sathigur Kai Bhae Bhram Bho Jaae ||	By the Fear of the True Guru, doubt and fear are dispelled.	ਗੁਰੂ ਦੇ ਡਰ-ਅਦਬ ਵਿਚ ਰਿਹਾਂ (ਦੁਨੀਆ ਵਾਲੀ) ਭਟਕਣਾ ਤੇ ਡਰ ਦੂਰ ਹੋ ਜਾਂਦਾ ਹੈ।
6589	157	ਭੈ ਰਾਚੈ ਸਚ ਰੰਗਿ ਸਮਾਇ॥੧॥ਰਹਾਉ॥		Bhai Raachai Sach Rang Samaae ||1|| Rehaao ||	Imbued with His Fear, we are absorbed in the Love of the True One. ||1||Pause||	ਜੇਹੜਾ ਮਨੁੱਖ (ਗੁਰੂ ਦੇ) ਡਰ-ਅਦਬ ਵਿਚ ਮਗਨ ਰਹਿੰਦਾ ਹੈ ਉਹ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ (ਪ੍ਰੇਮ) ਰੰਗ ਵਿਚ ਸਮਾਇਆ ਰਹਿੰਦਾ ਹੈ ॥੧॥ ਰਹਾਉ ॥
6590	157	ਗੁਰਿ ਮਿਲਿਐ ਹਰਿ ਮਨਿ ਵਸੈ ਸੁਭਾਇ॥		Gur Miliai Har Man Vasai Subhaae ||	Meeting the Guru, the Lord naturally dwells within the mind.	ਜੇ ਗੁਰੂ ਮਿਲ ਪਏ ਤਾਂ ਪਰਮਾਤਮਾ (ਭੀ ਆਪਣੀ) ਪਿਆਰ-ਰੁਚੀ ਦੇ ਕਾਰਨ (ਮਨੁੱਖ ਦੇ) ਮਨ ਵਿਚ ਆ ਵੱਸਦਾ ਹੈ।
6591	157	ਮੇਰਾ ਪ੍ਰਭੁ ਭਾਰਾ ਕੀਮਤਿ ਨਹੀ ਪਾਇ॥	(ਭਾਰਾ) ਵੱਡੇ	Maeraa Prabh Bhaaraa Keemath Nehee Paae ||	My God is Great and Almighty; His value cannot be estimated.	ਪਿਆਰਾ ਪ੍ਰਭੂ ਬੇਅੰਤ ਗੁਣਾਂ ਦਾ ਮਾਲਕ ਹੈ, ਕੋਈ ਜੀਵ ਉਸ ਦਾ ਮੁੱਲ ਨਹੀਂ ਪਾ ਸਕਦਾ (ਭਾਵ, ਇਹ ਨਹੀਂ ਦੱਸ ਸਕਦਾ ਕਿ ਦੁਨੀਆ ਦੇ ਕਿਸੇ ਪਦਾਰਥ ਦੇ ਵੱਟੇ ਪਰਮਾਤਮਾ ਮਿਲ ਸਕਦਾ ਹੈ)।

6592	157	ਸਬਦਿ ਸਾਲਾਹੈ ਅੰਤੁ ਨ ਪਾਰਾਵਾਰੁ॥		Sabadh Saalaahai Anth N Paaraavaar ||	Through the Shabad, I praise Him; He has no end or limitations.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ ਜਿਸ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ ਜਿਸ ਦੀ ਹਸਤੀ ਦਾ ਉਰਲਾ ਤੇ ਪਾਰਲਾ ਬੰਨਾ ਨਹੀਂ ਲੱਭ ਸਕਦਾ,
6593	157	ਮੇਰਾ ਪ੍ਰਭੁ ਬਖਸੇ ਬਖਸਣਹਾਰੁ॥੨॥		Maeraa Prabh Bakhasae Bakhasanehaar ||2||	My God is the Forgiver. I pray that He may forgive me. ||2||	ਬਖ਼ਸ਼ਣਹਾਰ ਪ੍ਰਭੂ (ਉਸ ਦੇ ਸਾਰੇ ਗੁਨਾਹ) ਬਖ਼ਸ਼ ਲੈਂਦਾ ਹੈ ॥੨॥
6594	157	ਗੁਰਿ ਮਿਲਿਐ ਸਭ ਮਤਿ ਬੁਧਿ ਹੋਇ॥		Gur Miliai Sabh Math Budhh Hoe ||	Meeting the Guru, all wisdom and understanding are obtained.	ਜੇ ਗੁਰੂ ਮਿਲ ਪਏ (ਤਾਂ ਮਨੁੱਖ ਦੇ ਅੰਦਰ) ਉੱਚੀ ਬੁੱਧੀ ਪੈਦਾ ਹੋ ਜਾਂਦੀ ਹੈ,
6595	158	ਮਨਿ ਨਿਰਮਲਿ ਵਸੈ ਸਚੁ ਸੋਇ॥		Man Niramal Vasai Sach Soe ||	The mind becomes pure, when the True Lord dwells within.	(ਮਨੁੱਖ ਦੇ) ਪਵਿਤ੍ਰ (ਹੋਏ) ਮਨ ਵਿਚ ਉਹ ਸਦਾ-ਥਿਰ ਪ੍ਰਭੂ ਪਰਗਟ ਹੋ ਜਾਂਦਾ ਹੈ।
6596	158	ਸਾਚਿ ਵਸਿਐ ਸਾਚੀ ਸਭ ਕਾਰ॥		Saach Vasiai Saachee Sabh Kaar ||	When one dwells in Truth, all actions become true.	ਜੇ ਸਦਾ-ਥਿਰ ਪ੍ਰਭੂ (ਜੀਵ ਦੇ ਮਨ ਵਿਚ) ਆ ਵਸੇ, ਤਾਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਉਸ ਦੀ ਨਿੱਤ ਦੀ ਕਾਰ ਹੋ ਜਾਂਦੀ ਹੈ,

6597	158	ਊਤਮ ਕਰਣੀ ਸਬਦ ਬੀਚਾਰ॥੩॥		Ootham Karanee Sabadh Beechaar ||3||	The ultimate action is to contemplate the Word of the Shabad. ||3||	ਉਸ ਦੀ ਕਰਨੀ ਸ੍ਰੇਸ਼ਟ ਹੋ ਜਾਂਦੀ ਹੈ, ਗੁਰੂ ਦੇ ਸ਼ਬਦ ਦੀ ਵਿਚਾਰ ਉਸ ਦੇ ਮਨ ਵਿਚ ਟਿਕੀ ਰਹਿੰਦੀ ਹੈ ॥੩॥
6598	158	ਗੁਰ ਤੇ ਸਾਚੀ ਸੇਵਾ ਹੋਇ॥		Gur Thae Saachee Saevaa Hoe ||	Through the Guru, true service is performed.	ਸਦਾ-ਥਿਰ ਪ੍ਰਭੂ ਦੀ ਸੇਵਾ-ਭਗਤੀ ਗੁਰੂ ਪਾਸੋਂ ਹੀ ਮਿਲਦੀ ਹੈ,
6599	158	ਗੁਰਮੁਖਿ ਨਾਮੁ ਪਛਾਣੈ ਕੋਇ॥		Guramukh Naam Pashhaanai Koe ||	How rare is that Gurmukh who recognizes the Naam, the Name of the Lord.	ਗੁਰੂ ਦੇ ਸਨਮੁਖ ਰਹਿ ਕੇ ਹੀ ਕੋਈ ਮਨੁੱਖ ਪ੍ਰਭੂ ਦੇ ਨਾਮ ਨਾਲ ਡੂੰਘੀ ਸਾਂਝ ਪਾਂਦਾ ਹੈ।
6600	158	ਜੀਵੈ ਦਾਤਾ ਦੇਵਣਹਾਰੁ॥		Jeevai Dhaathaa Dhaevanehaar ||	The Giver, the Great Giver, lives forever.	(ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ ਸਭ ਦਾਤਾਂ) ਦੇਣ ਦੇ ਸਮਰੱਥ ਦਾਤਾਰ-ਪ੍ਰਭੂ (ਸਦਾ ਉਸ ਦੇ ਸਿਰ ਉੱਤੇ) ਜੀਊਂਦਾ-ਜਾਗਦਾ ਕਾਇਮ ਹੈ,
6601	158	ਨਾਨਕ ਹਰਿ ਨਾਮੇ ਲਗੈ ਪਿਆਰੁ॥੪॥੧॥੨੧॥		Naanak Har Naamae Lagai Piaar ||4||1||21||	Nanak enshrines love for the Name of the Lord. ||4||1||21||	ਹੇ ਨਾਨਕ! ਜਿਸ ਮਨੁੱਖ ਦਾ ਪਿਆਰ ਹਰੀ ਦੇ ਨਾਮ ਵਿਚ ਬਣ ਜਾਂਦਾ ਹੈ ॥੪॥੧॥੨੧॥
6602	158	ਗਉੜੀ ਗੁਆਰੇਰੀ ਮਹਲਾ ੩॥		Gourree Guaaraeree Mehalaa 3 ||	Gauree Gwaarayree, Third Mehl:	
6603	158	ਗੁਰ ਤੇ ਗਿਆਨੁ ਪਾਏ ਜਨੁ ਕੋਇ॥		Gur Thae Giaan Paaeae Jan Koe ||	Those who obtain spiritual wisdom from the Guru are very rare.	ਕੋਈ (ਭਾਗਾਂ ਵਾਲਾ) ਮਨੁੱਖ ਗੁਰੂ ਪਾਸੋਂ ਪਰਮਾਤਮਾ ਨਾਲ ਡੂੰਘੀ ਸਾਂਝ ਹਾਸਲ ਕਰਦਾ ਹੈ।

6604	158	ਗੁਰ ਤੇ ਬੂਝੈ ਸੀਝੈ ਸੋਇ॥		Gur Thae Boojhai Seejhai Soe ||	Those who obtain this understanding from the Guru become acceptable.	ਜੇਹੜਾ ਮਨੁੱਖ ਗੁਰੂ ਪਾਸੋਂ (ਇਹ ਰਾਜ਼) ਸਮਝ ਲੈਂਦਾ ਹੈ, ਉਹ (ਜੀਵਨ-ਖੇਡ ਵਿਚ) ਕਾਮਯਾਬ ਹੋ ਜਾਂਦਾ ਹੈ।
6605	158	ਗੁਰ ਤੇ ਸਹਜੁ ਸਾਚੁ ਬੀਚਾਰੁ॥		Gur Thae Sehaj Saach Beechaar ||	Through the Guru, we intuitively contemplate the True One.	ਉਹ ਮਨੁੱਖ ਗੁਰੂ ਪਾਸੋਂ ਟਿਕਵੀਂ ਆਤਮਕ ਅਡੋਲਤਾ ਪ੍ਰਾਪਤ ਕਰ ਲੈਂਦਾ ਹੈ, ਸਦਾ-ਥਿਰ ਪ੍ਰਭੂ (ਦੇ ਗੁਣਾਂ) ਦੀ ਵਿਚਾਰ ਹਾਸਲ ਕਰ ਲੈਂਦਾ ਹੈ,
6606	158	ਗੁਰ ਤੇ ਪਾਏ ਮੁਕਤਿ ਦੁਆਰੁ॥੧॥		Gur Thae Paaeae Mukath Dhuaar ||1||	Through the Guru, the Gate of Liberation is found. ||1||	ਉਹ ਮਨੁੱਖ ਗੁਰੂ ਪਾਸੋਂ (ਵਿਕਾਰਾਂ ਤੋਂ) ਖ਼ਲਾਸੀ (ਹਾਸਲ ਕਰਨ) ਦਾ ਦਰਵਾਜ਼ਾ ਲੱਭ ਲੈਂਦਾ ਹੈ ॥੧॥
6607	158	ਪੂਰੈ ਭਾਗਿ ਮਿਲੈ ਗੁਰੁ ਆਇ॥		Poorai Bhaag Milai Gur Aae ||	Through perfect good destiny, we come to meet the Guru.	ਜਿਸ ਮਨੁੱਖ ਨੂੰ ਪੂਰੀ ਕਿਸਮਤ ਨਾਲ ਗੁਰੂ ਆ ਕੇ ਮਿਲ ਪੈਂਦਾ ਹੈ,
6608	158	ਸਾਚੈ ਸਹਜਿ ਸਾਚਿ ਸਮਾਇ॥੧॥ਰਹਾਉ॥		Saachai Sehaj Saach Samaae ||1|| Rehaao ||	The true ones are intuitively absorbed in the True Lord. ||1||Pause||	ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਜਾਂਦਾ ਹੈ ਉਹ ਸਦਾ-ਥਿਰ ਰਹਿਣ ਵਾਲੀ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ॥੧॥ ਰਹਾਉ ॥
6609	158	ਗੁਰਿ ਮਿਲਿਐ ਤ੍ਰਿਸਨਾ ਅਗਨਿ ਬੁਝਾਏ॥	ਬੁਝਾਏ: ਪੋਲਾ ਬੋਲੋ	Gur Miliai Thrisanaa Agan Bujhaaeae ||	Meeting the Guru, the fire of desire is quenched.	ਜੇ ਗੁਰੂ ਮਿਲ ਪਏ ਤਾਂ (ਮਨੁੱਖ ਆਪਣੇ ਅੰਦਰੋਂ) ਤ੍ਰਿਸ਼ਨਾ ਦੀ ਅੱਗ ਬੁਝਾ ਲੈਂਦਾ ਹੈ।

6610	158	ਗੁਰ ਤੇ ਸਾਂਤਿ ਵਸੈ ਮਨਿ ਆਏ॥		Gur Thae Saanth Vasai Man Aaeae ||	Through the Guru, peace and tranquility come to dwell within the mind.	ਗੁਰੂ ਦੀ ਰਾਹੀਂ ਹੀ (ਮਨੁੱਖ ਦੇ) ਮਨ ਵਿਚ ਸ਼ਾਂਤੀ ਆ ਵੱਸਦੀ ਹੈ।
6611	158	ਗੁਰ ਤੇ ਪਵਿਤ ਪਾਵਨ ਸੁਚਿ ਹੋਇ॥		Gur Thae Pavith Paavan Such Hoe ||	Through the Guru, we become pure, holy and true.	ਗੁਰੂ ਪਾਸੋਂ ਹੀ ਆਤਮਕ ਪਵਿਤ੍ਰਤਾ ਆਤਮਕ ਸੁੱਚ ਮਿਲਦੀ ਹੈ।
6612	158	ਗੁਰ ਤੇ ਸਬਦਿ ਮਿਲਾਵਾ ਹੋਇ॥੨॥		Gur Thae Sabadh Milaavaa Hoe ||2||	Through the Guru, we are absorbed in the Word of the Shabad. ||2||	ਗੁਰੂ ਦੀ ਰਾਹੀਂ ਹੀ ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਨਾਲ ਮਿਲਾਪ ਹੁੰਦਾ ਹੈ ॥੨॥
6613	158	ਬਾਝੁ ਗੁਰੂ ਸਭ ਭਰਮਿ ਭੁਲਾਈ॥		Baajh Guroo Sabh Bharam Bhulaaee ||	Without the Guru, everyone wanders in doubt.	ਗੁਰੂ ਤੋਂ ਬਿਨਾ ਸਾਰੀ ਲੁਕਾਈ ਭਟਕਣਾ ਵਿਚ ਪੈ ਕੇ ਕੁਰਾਹੇ ਪਈ ਰਹਿੰਦੀ ਹੈ (ਤੇ ਪ੍ਰਭੂ ਤੇ ਨਾਮ ਤੋਂ ਖੁੰਝੀ ਰਹਿੰਦੀ ਹੈ),
6614	158	ਬਿਨੁ ਨਾਵੈ ਬਹੁਤਾ ਦੁਖੁ ਪਾਈ॥		Bin Naavai Bahuthaa Dhukh Paaee ||	Without the Name, they suffer in terrible pain.	ਪ੍ਰਭੂ ਦੇ ਨਾਮ ਤੋਂ ਬਿਨਾ (ਲੁਕਾਈ) ਬਹੁਤ ਦੁੱਖ ਪਾਂਦੀ ਹੈ।
6615	158	ਗੁਰਮੁਖਿ ਹੋਵੈ ਸੁ ਨਾਮੁ ਧਿਆਈ॥		Guramukh Hovai S Naam Dhhiaaee ||	Those who meditate on the Naam become Gurmukh.	ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਪਰਮਾਤਮਾ ਦਾ ਨਾਮ ਸਿਮਰਦਾ ਹੈ।
6616	158	ਦਰਸਨਿ ਸਚੈ ਸਚੀ ਪਤਿ ਹੋਈ॥੩॥		Dharasan Sachai Sachee Path Hoee ||3||	True honor is obtained through the Darshan, the Blessed Vision of the True Lord. ||3||	ਪਰਮਾਤਮਾ ਦੇ ਦਰਸਨ ਵਿਚ ਲੀਨ ਹੋਇਆਂ ਸਦਾ-ਥਿਰ ਪ੍ਰਭੂ ਵਿਚ ਟਿਕਿਆਂ ਉਸ ਨੂੰ ਸਦਾ-ਥਿਰ ਰਹਿਣ ਵਾਲੀ ਇੱਜ਼ਤ ਪ੍ਰਾਪਤ ਹੋ ਜਾਂਦੀ ਹੈ ॥੩॥

6617	158	ਕਿਸ ਨੋ ਕਹੀਐ ਦਾਤਾ ਇਕੁ ਸੋਈ॥		Kis No Keheeai Dhaathaa Eik Soee ||	Why speak of any other? He alone is the Giver.	(ਪਰ, ਹੇ ਭਾਈ! ਪ੍ਰਭੂ-ਨਾਮ ਦੀ ਇਸ ਦਾਤ ਵਾਸਤੇ ਪ੍ਰਭੂ ਤੋਂ ਬਿਨਾ ਹੋਰ) ਕਿਸ ਨੂੰ ਬੇਨਤੀ ਕੀਤੀ ਜਾਏ? ਸਿਰਫ਼ ਪਰਮਾਤਮਾ ਹੀ ਇਹ ਦਾਤ ਦੇਣ ਦੇ ਸਮਰੱਥ ਹੈ।
6618	158	ਕਿਰਪਾ ਕਰੇ ਸਬਦਿ ਮਿਲਾਵਾ ਹੋਈ॥		Kirapaa Karae Sabadh Milaavaa Hoee ||	When He grants His Grace, union with the Shabad is obtained.	ਜਿਸ ਮਨੁੱਖ ਉਤੇ ਉਹ ਮਿਹਰ ਕਰਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦਾ ਪ੍ਰਭੂ ਨਾਲ ਮਿਲਾਪ ਹੋ ਜਾਂਦਾ ਹੈ।
6619	158	ਮਿਲਿ ਪ੍ਰੀਤਮ ਸਾਚੇ ਗੁਣ ਗਾਵਾ॥		Mil Preetham Saachae Gun Gaavaa ||	Meeting with my Beloved, I sing the Glorious Praises of the True Lord.	ਪ੍ਰੀਤਮ ਗੁਰੂ ਨੂੰ ਮਿਲ ਕੇ ਮੈਂ (ਭੀ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਗੁਣ ਗਾਂਦਾ ਰਹਾਂ,
6620	158	ਨਾਨਕ ਸਾਚੇ ਸਾਚਿ ਸਮਾਵਾ॥੪॥੨॥੨੨॥		Naanak Saachae Saach Samaavaa ||4||2||22||	O Nanak, becoming true, I am absorbed in the True One. ||4||2||22||	ਨਾਨਕ (ਦੀ ਭੀ ਇਹੀ ਅਰਦਾਸ ਹੈ ਕਿ) ਕਿ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਾਂ ॥੪॥੨॥੨੨॥
6621	158	ਗਉੜੀ ਗੁਆਰੇਰੀ ਮਹਲਾ ੩॥		Gourree Guaaraeree Mehalaa 3 ||	Gauree Gwaarayree, Third Mehl:	
6622	158	ਸੁਥਾਉ ਸਚੁ ਮਨੁ ਨਿਰਮਲੁ ਹੋਇ॥	(ਸੁਥਾਉ) ਸ੍ਰੇਸ਼ਟ ਥਾਂ ਸਾਧਸੰਗਤ	S Thhaao Sach Man Niramal Hoe ||	True is that place, where the mind becomes pure.	ਉਹ (ਸਤਸੰਗ) ਥਾਂ ਸੱਚਾ ਥਾਂ ਹੈ, (ਉਥੇ ਬੈਠਿਆਂ ਮਨੁੱਖ ਦਾ) ਮਨ ਪਵਿਤ੍ਰ ਹੋ ਜਾਂਦਾ ਹੈ।

6623	158	ਸਚਿ ਨਿਵਾਸੁ ਕਰੇ ਸਚੁ ਸੋਇ॥		Sach Nivaas Karae Sach Soe ||	True is the one who abides in Truth.	ਸਦਾ-ਥਿਰ ਪ੍ਰਭੂ ਵਿਚ (ਮਨੁੱਖ ਦਾ ਮਨ) ਨਿਵਾਸ ਕਰਦਾ ਹੈ (ਸਤ ਸੰਗ ਦੀ ਬਰਕਤਿ ਨਾਲ ਮਨੁੱਖ) ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦਾ ਹੈ।
6624	158	ਸਚੀ ਬਾਣੀ ਜੁਗ ਚਾਰੇ ਜਾਪੈ॥		Sachee Baanee Jug Chaarae Jaapai ||	The True Bani of the Word is known throughout the four ages.	(ਸਤਸੰਗ ਵਿਚ ਰਹਿ ਕੇ) ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਦੀ ਬਰਕਤਿ ਨਾਲ ਮਨੁੱਖ ਚੌਹਾਂ ਜੁਗਾਂ ਵਿਚ ਪ੍ਰਸਿੱਧ ਹੋ ਜਾਂਦਾ ਹੈ।
6625	158	ਸਭੁ ਕਿਛੁ ਸਾਚਾ ਆਪੇ ਆਪੈ॥੧॥		Sabh Kishh Saachaa Aapae Aapai ||1||	The True One Himself is everything. ||1||	(ਉਸ ਨੂੰ ਯਕੀਨ ਬਣ ਜਾਂਦਾ ਹੈ ਕਿ) ਇਹ ਸਾਰਾ ਆਕਾਰ ਸਦਾ-ਥਿਰ ਪ੍ਰਭੂ ਆਪ ਹੀ ਆਪਣੇ ਆਪ ਤੋਂ ਬਣਾਣ ਵਾਲਾ ਹੈ ॥੧॥
6626	158	ਕਰਮੁ ਹੋਵੈ ਸਤਸੰਗਿ ਮਿਲਾਏ॥		Karam Hovai Sathasang Milaaeae ||	Through the karma of good actions, one joins the Sat Sangat, the True Congregation.	(ਜਿਸ ਮਨੁੱਖ ਉਤੇ ਪਰਮਾਤਮਾ ਦੀ) ਕਿਰਪਾ ਹੋਵੇ (ਉਸ ਨੂੰ ਉਹ) ਸਤਸੰਗ ਵਿਚ ਮਿਲਾਂਦਾ ਹੈ।
6627	158	ਹਰਿ ਗੁਣ ਗਾਵੈ ਬੈਸਿ ਸੁਥਾਏ॥੧॥ਰਹਾਉ॥	(ਸੁਥਾਏ) ਸ੍ਰੇਸ਼ਟ ਥਾਂ ਸਾਧਸੰਗਤ	Har Gun Gaavai Bais S Thhaaeae ||1|| Rehaao ||	Sing the Glories of the Lord, sitting in that place. ||1||Pause||	ਉਸ ਥਾਂ ਵਿਚ ਉਹ ਮਨੁੱਖ ਬੈਠ ਕੇ ਪਰਮਾਤਮਾ ਦੇ ਗੁਣ ਗਾਂਦਾ ਹੈ ॥੧॥ ਰਹਾਉ ॥

6628	158	ਜਲਉ ਇਹ ਜਿਹਵਾ ਦੂਜੈ ਭਾਇ॥		Jalo Eih Jihavaa Dhoojai Bhaae ||	Burn this tongue, which loves duality,	ਸੜ ਜਾਏ ਇਹ ਜੀਭ ਜੇ ਇਹ ਹੋਰ ਹੋਰ ਸੁਆਦਾਂ ਵਿਚ ਹੀ ਰਹਿੰਦੀ ਹੈ।
6629	158	ਹਰਿ ਰਸੁ ਨ ਚਾਖੈ ਫੀਕਾ ਆਲਾਇ॥	(ਆਲਾਇ) ਬੋਲਦੀ	Har Ras N Chaakhai Feekaa Aalaae ||	Which does not taste the sublime essence of the Lord, and which utters insipid words.	ਜੇ ਇਹ ਪ੍ਰਭੂ ਦੇ ਨਾਮ ਦਾ ਸੁਆਦ ਤਾਂ ਨਹੀਂ ਚੱਖਦੀ, ਪਰ (ਨਿੰਦਾ ਆਦਿਕ ਦੇ) ਫਿੱਕੇ ਬੋਲ ਹੀ ਬੋਲਦੀ ਹੈ।
6630	158	ਬਿਨੁ ਬੂਝੇ ਤਨੁ ਮਨੁ ਫੀਕਾ ਹੋਇ॥	ਬੂੱਝੇ	Bin Boojhae Than Man Feekaa Hoe ||	Without understanding, the body and mind become tasteless and insipid.	ਪਰਮਾਤਮਾ ਦੇ ਨਾਮ ਦਾ ਸੁਆਦ ਸਮਝਣ ਤੋਂ ਬਿਨਾ ਮਨੁੱਖ ਦਾ ਮਨ ਫਿੱਕਾ (ਪ੍ਰੇਮ ਤੋਂ ਸੱਖਣਾ) ਹੋ ਜਾਂਦਾ ਹੈ, ਸਰੀਰ ਭੀ ਫਿੱਕਾ ਹੋ ਜਾਂਦਾ ਹੈ (ਭਾਵ, ਗਿਆਨ-ਇੰਦ੍ਰੇ ਭੀ ਦੁਨੀਆ ਦੇ ਹੋਛੇ ਪਦਾਰਥਾਂ ਵਲ ਦੌੜਨ ਦੇ ਆਦੀ ਹੋ ਜਾਂਦੇ ਹਨ)।
6631	158	ਬਿਨੁ ਨਾਵੈ ਦੁਖੀਆ ਚਲਿਆ ਰੋਇ॥੨॥		Bin Naavai Dhukheeaa Chaliaa Roe ||2||	Without the Name, the miserable ones depart crying out in pain. ||2||	ਨਾਮ ਤੋਂ ਵਾਂਜਿਆ ਰਹਿ ਕੇ ਮਨੁੱਖ ਦੁਖੀ ਜੀਵਨ ਬਿਤੀਤ ਕਰਦਾ ਹੈ, ਦੁਖੀ ਹੋ ਕੇ ਹੀ ਇਥੋਂ ਆਖ਼ਰ ਚਲਾ ਜਾਂਦਾ ਹੈ ॥੨॥
6632	158	ਰਸਨਾ ਹਰਿ ਰਸੁ ਚਾਖਿਆ ਸਹਜਿ ਸੁਭਾਇ॥		Rasanaa Har Ras Chaakhiaa Sehaj Subhaae ||	One whose tongue naturally and intuitively tastes the Lord's sublime essence,	(ਜਿਸ ਮਨੁੱਖ ਦੀ) ਜੀਭ ਨੇ ਹਰਿ-ਨਾਮ ਦਾ ਸੁਆਦ ਚੱਖਿਆ ਹੈ, ਉਹ ਆਤਮਕ ਅਡੋਲਤਾ ਵਿਚ ਪ੍ਰਭੂ-ਪ੍ਰੇਮ ਵਿਚ ਮਗਨ ਰਹਿੰਦਾ ਹੈ,

6633	158	ਗੁਰ ਕਿਰਪਾ ਤੇ ਸਚਿ ਸਮਾਇ॥		Gur Kirapaa Thae Sach Samaae ||	By Guru's Grace, is absorbed in the True Lord.	ਗੁਰੂ ਦੀ ਮਿਹਰ ਨਾਲ ਉਹ ਸਦਾ-ਥਿਰ ਪ੍ਰਭੂ (ਦੀ ਸਿਫ਼ਤ-ਸਾਲਾਹ) ਵਿਚ ਰੰਗੀ ਰਹਿੰਦੀ ਹੈ।
6634	158	ਸਾਚੇ ਰਾਤੀ ਗੁਰ ਸਬਦੁ ਵੀਚਾਰ॥		Saachae Raathee Gur Sabadh Veechaar ||	Imbued with Truth, one contemplates the Word of the Guru's Shabad,	ਗੁਰੂ ਦਾ ਸ਼ਬਦ ਹੀ ਉਸ ਦੀ ਵਿਚਾਰ ਬਣਿਆ ਰਹਿੰਦਾ ਹੈ,
6635	158	ਅੰਮ੍ਰਿਤੁ ਪੀਵੈ ਨਿਰਮਲ ਧਾਰ॥੩॥		Anmrith Peevai Niramal Dhhaar ||3||	And drinks in the Ambrosial Nectar, from the immaculate stream within. ||3||	ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਂਦਾ ਹੈ, ਨਾਮ-ਜਲ ਦੀ ਪਵਿਤ੍ਰ ਧਾਰ ਪੀਂਦਾ ਹੈ ॥੩॥
6636	158	ਨਾਮਿ ਸਮਾਵੈ ਜੋ ਭਾਡਾ ਹੋਇ॥	(ਭਾਂਡਾ) ਸ਼ੁੱਧ ਹਿਰਦਾ	Naam Samaavai Jo Bhaaddaa Hoe ||	The Naam, the Name of the Lord, is collected in the vessel of the mind.	(ਗੁਰੂ ਦੀ ਕਿਰਪਾ ਨਾਲ) ਜੇਹੜਾ ਹਿਰਦਾ ਸੁੱਧ ਹੋ ਜਾਂਦਾ ਹੈ ਉਹ ਪ੍ਰਭੂ ਦੇ ਨਾਮ ਵਿਚ ਲੀਨ ਰਹਿੰਦਾ ਹੈ।
6637	158	ਊਂਧੈ ਭਾਂਡੈ ਟਿਕੈ ਨ ਕੋਇ॥	(ਊਂਧੈ) ਉਲਟਾ	Oonadhhai Bhaanddai Ttikai N Koe ||	Nothing is collected if the vessel is upside-down.	ਪਰਮਾਤਮਾ ਵਲੋਂ ਉਲਟੇ ਹੋਏ ਹਿਰਦੇ ਵਿਚ ਕੋਈ ਗੁਣ ਨਹੀਂ ਟਿਕਦਾ।
6638	158	ਗੁਰ ਸਬਦੀ ਮਨਿ ਨਾਮਿ ਨਿਵਾਸੁ॥		Gur Sabadhee Man Naam Nivaas ||	Through the Word of the Guru's Shabad, the Naam abides within the mind.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮਨੁੱਖ ਦੇ ਮਨ ਵਿਚ ਪਰਮਾਤਮਾ ਦੇ ਨਾਮ ਦਾ ਨਿਵਾਸ ਹੋ ਜਾਂਦਾ ਹੈ।
6639	158	ਨਾਨਕ ਸਚੁ ਭਾਂਡਾ ਜਿਸੁ ਸਬਦ ਪਿਆਸ॥੪॥੩॥੨੩॥		Naanak Sach Bhaanddaa Jis Sabadh Piaas ||4||3||23||	O Nanak, True is that vessel of the mind, which thirsts for the Shabad. ||4||3||23||	ਹੇ ਨਾਨਕ! ਉਸ ਮਨੁੱਖ ਦਾ ਹਿਰਦਾ ਅਸਲ ਹਿਰਦਾ ਹੈ ਜਿਸ ਨੂੰ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਦੀ ਤਾਂਘ ਲੱਗੀ ਰਹਿੰਦੀ ਹੈ ॥੪॥੩॥੨੩॥

6640	158	ਗਉੜੀ ਗੁਆਰੇਰੀ ਮਹਲਾ ੩॥		Gourree Guaaraeree Mehalaa 3 ||	Gauree Gwaarayree, Third Mehl:	
6641	158	ਇਕਿ ਗਾਵਤ ਰਹੇ ਮਨਿ ਸਾਦੁ ਨ ਪਾਇ॥		Eik Gaavath Rehae Man Saadh N Paae ||	Some sing on and on, but their minds do not find happiness.	ਕਈ ਮਨੁੱਖ ਐਸੇ ਹਨ ਜੋ (ਭਗਤੀ ਦੇ ਗੀਤ) ਗਾਂਦੇ (ਤਾਂ) ਰਹਿੰਦੇ ਹਨ (ਪਰ ਉਹਨਾਂ ਦੇ) ਮਨ ਵਿਚ ਕੋਈ ਆਨੰਦ ਪੈਦਾ ਨਹੀਂ ਹੁੰਦਾ,
6642	158	ਹਉਮੈ ਵਿਚਿ ਗਾਵਹਿ ਬਿਰਥਾ ਜਾਇ॥		Houmai Vich Gaavehi Birathhaa Jaae ||	In egotism, they sing, but it is wasted uselessly.	(ਕਿਉਂਕਿ ਉਹ ਆਪਣੇ ਭਗਤ ਹੋਣ ਦੀ) ਹਉਮੈ ਵਿਚ (ਭਗਤੀ ਦੇ ਗੀਤ) ਗਾਂਦੇ ਹਨ (ਉਹਨਾਂ ਦਾ ਇਹ ਉੱਦਮ) ਵਿਅਰਥ ਚਲਾ ਜਾਂਦਾ ਹੈ।
6643	158	ਗਾਵਣਿ ਗਾਵਹਿ ਜਿਨ ਨਾਮ ਪਿਆਰੁ॥		Gaavan Gaavehi Jin Naam Piaar ||	Those who love the Naam, sing the song.	(ਸਿਫ਼ਤ-ਸਾਲਾਹ ਦੇ ਗੀਤ) ਅਸਲ ਵਿਚ ਉਹ ਮਨੁੱਖ ਗਾਂਦੇ ਹਨ, ਜਿਨ੍ਹਾਂ ਦਾ ਪਰਮਾਤਮਾ ਦੇ ਨਾਮ ਨਾਲ ਪਿਆਰ ਹੈ,
6644	158	ਸਾਚੀ ਬਾਣੀ ਸਬਦ ਬੀਚਾਰੁ॥੧॥		Saachee Baanee Sabadh Beechaar ||1||	They contemplate the True Bani of the Word, and the Shabad. ||1||	ਜੇਹੜੇ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਦਾ, ਸ਼ਬਦ ਦਾ ਵਿਚਾਰ (ਆਪਣੇ ਹਿਰਦੇ ਵਿਚ ਟਿਕਾਂਦੇ ਹਨ) ॥੧॥
6645	158	ਗਾਵਤ ਰਹੈ ਜੇ ਸਤਿਗੁਰ ਭਾਵੈ॥		Gaavath Rehai Jae Sathigur Bhaavai ||	They sing on and on, if it pleases the True Guru.	ਜੇ ਗੁਰੂ ਨੂੰ ਚੰਗਾ ਲੱਗੇ (ਜੇ ਗੁਰੂ ਮਿਹਰ ਕਰੇ ਤਾਂ ਉਸ ਦੀ ਮਿਹਰ ਦਾ ਸਦਕਾ ਉਸ ਦੀ ਸਰਨ ਆਇਆ ਮਨੁੱਖ) ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ,

6646	158	ਮਨੁ ਤਨੁ ਰਾਤਾ ਨਾਮਿ ਸੁਹਾਵੈ॥੧॥ਰਹਾਉ॥	(ਸੁਹਾਵੈ) ਸ਼ੋਭਨੀਕ	Man Than Raathaa Naam Suhaavai ||1|| Rehaao ||	Their minds and bodies are embellished and adorned, attuned to the Naam, the Name of the Lord. ||1||Pause||	ਉਸ ਦਾ ਮਨ ਉਸ ਦਾ ਤਨ ਪ੍ਰਭੂ ਦੇ ਨਾਮ ਵਿਚ ਰੰਗਿਆ ਜਾਂਦਾ ਹੈ ਤੇ ਉਸ ਦਾ ਜੀਵਨ ਸੋਹਣਾ ਬਣ ਜਾਂਦਾ ਹੈ ॥੧॥ ਰਹਾਉ ॥
6647	158	ਇਕਿ ਗਾਵਹਿ ਇਕਿ ਭਗਤਿ ਕਰੇਹਿ॥		Eik Gaavehi Eik Bhagath Karaehi ||	Some sing, and some perform devotional worship.	ਕਈ ਮਨੁੱਖ ਐਸੇ ਹਨ ਜੋ (ਭਗਤੀ ਦੇ ਗੀਤ) ਗਾਂਦੇ ਹਨ ਤੇ ਰਾਸਾਂ ਪਾਂਦੇ ਹਨ,
6648	158	ਨਾਮੁ ਨ ਪਾਵਹਿ ਬਿਨੁ ਅਸਨੇਹ॥	(ਅਸਨੇਹ) ਪ੍ਰੇਮ	Naam N Paavehi Bin Asanaeh ||	Without heart-felt love, the Naam is not obtained.	ਪਰ ਪ੍ਰਭੂ-ਚਰਨਾਂ ਦੇ ਪਿਆਰ ਤੋਂ ਬਿਨਾ ਉਹਨਾਂ ਨੂੰ ਪਰਮਾਤਮਾ ਦਾ ਨਾਮ ਪ੍ਰਾਪਤ ਨਹੀਂ ਹੁੰਦਾ।
6649	158	ਸਚੀ ਭਗਤਿ ਗੁਰ ਸਬਦ ਪਿਆਰਿ॥		Sachee Bhagath Gur Sabadh Piaar ||	True devotional worship consists of love for the Word of the Guru's Shabad.	ਉਹਨਾਂ ਦੀ ਹੀ ਭਗਤੀ ਪਰਵਾਨ ਹੁੰਦੀ ਹੈ, ਜੇਹੜੇ ਗੁਰੂ ਦੇ ਸ਼ਬਦ ਦੇ ਪਿਆਰ ਵਿਚ ਜੁੜੇ ਰਹਿੰਦੇ ਹਨ,
6650	158	ਅਪਨਾ ਪਿਰੁ ਰਾਖਿਆ ਸਦਾ ਉਰਿ ਧਾਰਿ॥੨॥		Apanaa Pir Raakhiaa Sadhaa Our Dhhaar ||2||	The devotee keeps his Beloved clasped tightly to his heart. ||2||	ਜਿਨ੍ਹਾਂ ਨੇ ਆਪਣੇ ਪ੍ਰਭੂ-ਪਤੀ ਨੂੰ ਸਦਾ ਆਪਣੇ ਹਿਰਦੇ ਵਿਚ ਟਿਕਾ ਕੇ ਰੱਖਿਆ ਹੋਇਆ ਹੈ ॥੨॥
6651	159	ਭਗਤਿ ਕਰਹਿ ਮੂਰਖ ਆਪੁ ਜਣਾਵਹਿ॥		Bhagath Karehi Moorakh Aap Janaavehi ||	The fools perform devotional worship by showing off;	ਮੂਰਖ ਲੋਕ ਰਾਸਾਂ ਪਾਂਦੇ ਹਨ ਤੇ ਆਪਣੇ ਆਪ ਨੂੰ ਭਗਤ ਪਰਗਟ ਕਰਦੇ ਹਨ।

6652	159	ਨਚਿ ਨਚਿ ਟਪਹਿ ਬਹੁਤੁ ਦੁਖੁ ਪਾਵਹਿ॥	ਨੱਚਿ ਨੱਚਿ ਟੱਪਹਿ	Nach Nach Ttapehi Bahuth Dhukh Paavehi ||	They dance and dance and jump all around, but they only suffer in terrible pain.	(ਉਹ ਮੂਰਖ ਰਾਸਾਂ ਪਾਣ ਵੇਲੇ) ਨੱਚ ਨੱਚ ਕੇ ਟੱਪਦੇ ਹਨ (ਪਰ ਅੰਤਰ ਆਤਮੇ ਹਉਮੈ ਦੇ ਕਾਰਨ ਆਤਮਕ ਆਨੰਦ ਦੇ ਥਾਂ) ਦੁਖ ਹੀ ਦੁਖ ਪਾਂਦੇ ਹਨ।
6653	159	ਨਚਿਐ ਟਪਿਐ ਭਗਤਿ ਨ ਹੋਇ॥	ਨੱਚਿਐ ਟੱਪਿਐ	Nachiai Ttapiai Bhagath N Hoe ||	By dancing and jumping, devotional worship is not performed.	ਨੱਚਣ ਟੱਪਣ ਨਾਲ ਭਗਤੀ ਨਹੀਂ ਹੁੰਦੀ।
6654	159	ਸਬਦਿ ਮਰੈ ਭਗਤਿ ਪਾਏ ਜਨੁ ਸੋਇ॥੩॥		Sabadh Marai Bhagath Paaeae Jan Soe ||3||	But one who dies in the Word of the Shabad, obtains devotional worship. ||3||	ਪਰਮਾਤਮਾ ਦੀ ਭਗਤੀ ਉਹੀ ਮਨੁੱਖ ਪ੍ਰਾਪਤ ਕਰ ਸਕਦਾ ਹੈ, ਜੇਹੜਾ ਗੁਰੂ ਦੇ ਸ਼ਬਦ ਵਿਚ ਜੁੜ ਕੇ (ਆਪਾ-ਭਾਵ ਵਲੋਂ, ਹਉਮੈ ਵਲੋਂ) ਮਰਦਾ ਹੈ ॥੩॥
6655	159	ਭਗਤਿ ਵਛਲੁ ਭਗਤਿ ਕਰਾਏ ਸੋਇ॥	(ਭਗਤਿ) ਭਗਤੀ ਦੇ। (ਵੱਛਲੁ) ਪਿਆਰੇ ਰਾਮ ਜੀ	Bhagath Vashhal Bhagath Karaaeae Soe ||	The Lord is the Lover of His devotees; He inspires them to perform devotional worship.	ਭਗਤਾਂ ਨਾਲ ਪਿਆਰ ਕਰਨ ਵਾਲਾ ਉਹ ਪਰਮਾਤਮਾ ਹੀ ਜੀਵਾਂ ਪਾਸੋਂ ਭਗਤੀ ਕਰਵਾਉਂਦਾ ਹੈ।
6656	159	ਸਚੀ ਭਗਤਿ ਵਿਚਹੁ ਆਪੁ ਖੋਇ॥		Sachee Bhagath Vichahu Aap Khoe ||	True devotional worship consists of eliminating selfishness and conceit from within.	ਉਸ ਦੀ ਸਦਾ ਥਿਰ ਰਹਿਣ ਵਾਲੀ ਭਗਤੀ ਦੁਆਰਾ ਅੰਦਰੋਂ ਹਉਮੈ ਦੂਰ ਹੁੰਦੀ ਹੈ।

6657	159	ਮੇਰਾ ਪ੍ਰਭੁ ਸਾਚਾ ਸਭ ਬਿਧਿ ਜਾਣੈ॥	ਬਿਧਿ: ਪੋਲਾ ਬੋਲੋ	Maeraa Prabh Saachaa Sabh Bidhh Jaanai ||	My True God knows all ways and means.	(ਪਰ ਜੀਵਾਂ ਦੇ ਕੀਹ ਵੱਸ?) ਭਗਤੀ ਨਾਲ ਪਿਆਰ ਕਰਨ ਵਾਲਾ ਉਹ ਪਰਮਾਤਮਾ ਸਭ ਜੀਵਾਂ ਦੇ ਢੰਗ ਜਾਣਦਾ ਹੈ (ਕਿ ਇਹ ਭਗਤੀ ਕਰਦੇ ਹਨ ਜਾਂ ਪਖੰਡ)।
6658	159	ਨਾਨਕ ਬਖਸੇ ਨਾਮੁ ਪਛਾਣੈ॥੪॥੪॥੨੪॥		Naanak Bakhasae Naam Pashhaanai ||4||4||24||	O Nanak, He forgives those who recognize the Naam. ||4||4||24||	ਹੇ ਨਾਨਕ! ਜਿਸ ਮਨੁੱਖ ਉਤੇ ਪ੍ਰਭੂ ਬਖ਼ਸ਼ਸ਼ ਕਰਦਾ ਹੈ ਉਹ ਮਨੁੱਖ ਉਸ ਦੇ ਨਾਮ ਨੂੰ ਪਛਾਣਦਾ ਹੈ (ਨਾਮ ਨਾਲ) ਡੂੰਘੀ ਸਾਂਝ ਪਾ ਲੈਂਦਾ ਹੈ ॥੪॥੪॥੨੪॥
6659	159	ਗਉੜੀ ਗੁਆਰੇਰੀ ਮਹਲਾ ੩॥		Gourree Guaaraeree Mehalaa 3 ||	Gauree Gwaarayree, Third Mehl:	
6660	159	ਮਨੁ ਮਾਰੇ ਧਾਤੁ ਮਰਿ ਜਾਇ॥	(ਧਾਤੁ) ਭਟਕਣਾ	Man Maarae Dhhaath Mar Jaae ||	When someone kills and subdues his own mind, his wandering nature is also subdued.	(ਗੁਰੂ ਦੀ ਸਰਨ ਪੈ ਕੇ ਜੇਹੜਾ ਮਨੁੱਖ ਆਪਣੇ) ਮਨ ਨੂੰ ਕਾਬੂ ਕਰ ਲੈਂਦਾ ਹੈ, ਉਸ ਮਨੁੱਖ ਦੀ (ਮਾਇਆ ਵਾਲੀ) ਭਟਕਣਾ ਮੁੱਕ ਜਾਂਦੀ ਹੈ।
6661	159	ਬਿਨੁ ਮੂਏ ਕੈਸੇ ਹਰਿ ਪਾਇ॥		Bin Mooeae Kaisae Har Paae ||	Without such a death, how can one find the Lord?	ਮਨ ਵੱਸ ਵਿਚ ਆਉਣ ਤੋਂ ਬਿਨਾ ਪਰਮਾਤਮਾ ਦੀ ਪ੍ਰਾਪਤੀ ਨਹੀਂ ਹੋ ਸਕਦੀ।
6662	159	ਮਨੁ ਮਰੈ ਦਾਰੂ ਜਾਣੈ ਕੋਇ॥		Man Marai Dhaaroo Jaanai Koe ||	Only a few know the medicine to kill the mind.	ਉਸੇ ਮਨੁੱਖ ਦਾ ਮਨ ਵੱਸ ਵਿਚ ਆਉਂਦਾ ਹੈ, ਜੇਹੜਾ ਇਸ ਨੂੰ ਵੱਸ ਲਿਆਉਣ ਦੀ ਦਵਾਈ ਜਾਣਦਾ ਹੈ,

6663	159	ਮਨੁ ਸਬਦਿ ਮਰੈ ਬੂਝੈ ਜਨੁ ਸੋਇ॥੧॥		Man Sabadh Marai Boojhai Jan Soe ||1||	One whose mind dies in the Word of the Shabad, understands Him. ||1||	(ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ) ਉਹੀ ਸਮਝਦਾ ਹੈ ਕਿ ਮਨ ਗੁਰੂ ਦੇ ਸ਼ਬਦ ਵਿਚ ਜੁੜਿਆਂ ਹੀ ਵੱਸ ਵਿਚ ਆ ਸਕਦਾ ਹੈ ॥੧॥
6664	159	ਜਿਸ ਨੋ ਬਖਸੇ ਦੇ ਵਡਿਆਈ॥		Jis No Bakhasae Dhae Vaddiaaee ||	He grants greatness to those whom He forgives.	(ਹੇ ਭਾਈ!) ਜਿਸ ਮਨੁੱਖ ਉਤੇ ਪਰਮਾਤਮਾ ਮਿਹਰ ਕਰਦਾ ਹੈ,
6665	159	ਗੁਰ ਪਰਸਾਦਿ ਹਰਿ ਵਸੈ ਮਨਿ ਆਈ॥੧॥ਰਹਾਉ॥		Gur Parasaadh Har Vasai Man Aaee ||1|| Rehaao ||	By Guru's Grace, the Lord comes to dwell within the mind. ||1||Pause||	ਉਸ ਨੂੰ (ਇਹ) ਵਡਿਆਈ ਦੇਂਦਾ ਹੈ (ਕਿ) ਗੁਰੂ ਦੀ ਕਿਰਪਾ ਨਾਲ ਉਹ ਪ੍ਰਭੂ ਉਸ ਦੇ ਮਨ ਵਿਚ ਆ ਵੱਸਦਾ ਹੈ ॥੧॥ ਰਹਾਉ ॥
6666	159	ਗੁਰਮੁਖਿ ਕਰਣੀ ਕਾਰ ਕਮਾਵੈ॥		Guramukh Karanee Kaar Kamaavai ||	The Gurmukh practices doing good deeds;	ਜਦੋਂ ਮਨੁੱਖ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਵਾਲਾ ਆਚਰਨ ਬਣਾਣ ਦੀ ਕਾਰ ਕਰਦਾ ਹੈ,
6667	159	ਤਾ ਇਸੁ ਮਨ ਕੀ ਸੋਝੀ ਪਾਵੈ॥		Thaa Eis Man Kee Sojhee Paavai ||	Thus he comes to understand this mind.	ਤਦੋਂ ਉਸ ਨੂੰ ਇਸ ਮਨ (ਦੇ ਸੁਭਾਵ) ਦੀ ਸਮਝ ਆ ਜਾਂਦੀ ਹੈ,
6668	159	ਮਨੁ ਮੈ ਮਤੁ ਮੈਗਲ ਮਿਕਦਾਰਾ॥	ਹੰਕਾਰ ਜ਼ੁਲਮ ਰੂਪੀ (ਮੈ) ਸ਼ਰਾਬ ਚ (ਮਤੁ) ਮਸਤ। (ਮੈਗਲ) ਹਾਥੀ (ਮਿਕਦਾਰਾ) ਬਰਾਬਰ। ਮੈ: ਬਿੰਦੀ ਨ ਲਾਉ	Man Mai Math Maigal Mikadhaaraa ||	The mind is like an elephant, drunk with wine.	(ਤਦੋਂ ਉਹ ਸਮਝ ਲੈਂਦਾ ਹੈ ਕਿ) ਮਨ ਹਉਮੈ ਵਿਚ ਮਸਤ ਰਹਿੰਦਾ ਹੈ ਜਿਵੇਂ ਕੋਈ ਹਾਥੀ ਸ਼ਰਾਬ ਵਿਚ ਮਸਤ ਹੋਵੇ।

6669	159	ਗੁਰੁ ਅੰਕਸੁ ਮਾਰਿ ਜੀਵਾਲਣਹਾਰਾ॥੨॥	(ਅੰਕਸੁ) ਕੁੰਡਾ	Gur Ankas Maar Jeevaalanehaaraa ||2||	The Guru is the rod which controls it, and shows it the way. ||2||	ਗੁਰੂ ਹੀ (ਆਤਮਕ ਮੌਤੇ ਮਰੇ ਹੋਏ ਇਸ ਮਨ ਨੂੰ ਆਪਣੇ ਸ਼ਬਦ ਦਾ) ਅੰਕੁਸ ਮਾਰ ਕੇ (ਮੁੜ) ਆਤਮਕ ਜੀਵਨ ਦੇਣ ਦੇ ਸਮਰੱਥ ਹੈ ॥੨॥
6670	159	ਮਨੁ ਅਸਾਧੁ ਸਾਧੈ ਜਨੁ ਕੋਇ॥		Man Asaadhh Saadhhai Jan Koe ||	The mind is uncontrollable; how rare are those who subdue it.	(ਇਹ) ਮਨ (ਸੌਖੇ ਤਰੀਕੇ ਨਾਲ) ਵੱਸ ਵਿਚ ਨਹੀਂ ਆ ਸਕਦਾ, ਕੋਈ ਵਿਰਲਾ ਮਨੁੱਖ (ਗੁਰੂ ਦੀ ਸਰਨ ਪੈ ਕੇ ਇਸ ਨੂੰ) ਵੱਸ ਵਿਚ ਲਿਆਉਂਦਾ ਹੈ।
6671	159	ਅਚਰੁ ਚਰੈ ਤਾ ਨਿਰਮਲੁ ਹੋਇ॥	(ਅ-ਚਰੁ) ਅਚੱਲ ਬ੍ਰਹਮ ਜੀ ਚ । (ਚਰੈ) ਵਿਚਰੇ	Achar Charai Thaa Niramal Hoe ||	Those who move the immovable become pure.	ਜਦੋਂ ਮਨੁੱਖ (ਗੁਰੂ ਦੀ ਸਹਾਇਤਾ ਨਾਲ ਆਪਣੇ ਮਨ ਦੇ) ਅਮੋੜ-ਪੁਣੇ ਨੂੰ ਮੁਕਾ ਲੈਂਦਾ ਹੈ, ਤਦੋਂ ਮਨ ਪਵਿਤ੍ਰ ਹੋ ਜਾਂਦਾ ਹੈ।
6672	159	ਗੁਰਮੁਖਿ ਇਹੁ ਮਨੁ ਲਇਆ ਸਵਾਰਿ॥		Guramukh Eihu Man Laeiaa Savaar ||	The Gurmukhs embellish and beautify this mind.	ਗੁਰੂ ਦੀ ਸ਼ਰਨ ਪੈਣ ਵਾਲਾ ਮਨੁੱਖ ਇਸ ਮਨ ਨੂੰ ਸੋਹਣਾ ਬਣਾ ਲੈਂਦਾ ਹੈ।
6673	159	ਹਉਮੈ ਵਿਚਹੁ ਤਜੇ ਵਿਕਾਰ॥੩॥	(ਤਜੇ) ਛੱਡੇ	Houmai Vichahu Thajae Vikaar ||3||	They eradicate egotism and corruption from within. ||3||	ਉਹ (ਆਪਣੇ ਅੰਦਰੋਂ) ਹਉਮੈ ਛੱਡ ਦੇਂਦਾ ਹੈ ਵਿਕਾਰ ਤਿਆਗ ਦੇਂਦਾ ਹੈ ॥੩॥
6674	159	ਜੋ ਧੁਰਿ ਰਾਖਿਅਨੁ ਮੇਲਿ ਮਿਲਾਇ॥		Jo Dhhur Raakhian Mael Milaae ||	Those who, by pre-ordained destiny, are united in the Lord's Union,	ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਨੇ ਆਪਣੀ ਧੁਰ ਦਰਗਾਹ ਤੋਂ ਹੀ ਗੁਰੂ ਦੇ ਚਰਨਾਂ ਵਿਚ ਜੋੜ ਕੇ (ਵਿਕਾਰਾਂ ਵਲੋਂ) ਰੱਖ ਲਿਆ ਹੈ,

6675	159	ਕਦੇ ਨ ਵਿਛੁੜਹਿ ਸਬਦਿ ਸਮਾਇ॥		Kadhae N Vishhurrehi Sabadh Samaae ||	Are never separated from Him again; they are absorbed in the Shabad.	ਉਹ ਗੁਰੂ ਦੇ ਸ਼ਬਦ ਵਿਚ ਲੀਨ ਰਹਿ ਕੇ ਕਦੇ ਉਸ ਪਰਮਾਤਮਾ ਨਾਲੋਂ ਵਿਛੁੜਦੇ ਨਹੀਂ।
6676	159	ਆਪਣੀ ਕਲਾ ਆਪੇ ਹੀ ਜਾਣੈ॥	(ਕਲਾ) ਖੇਡ, ਸ਼ਕਤੀ	Aapanee Kalaa Aapae Hee Jaanai ||	He Himself knows His Own Almighty Power.	ਪਰਮਾਤਮਾ ਆਪਣੀ ਇਹ ਗੁਝੀ ਤਾਕਤ ਆਪ ਹੀ ਜਾਣਦਾ ਹੈ।
6677	159	ਨਾਨਕ ਗੁਰਮੁਖਿ ਨਾਮੁ ਪਛਾਣੈ॥੪॥੫॥੨੫॥		Naanak Guramukh Naam Pashhaanai ||4||5||25||	O Nanak, the Gurmukh realizes the Naam, the Name of the Lord. ||4||5||25||	ਹੇ ਨਾਨਕ! (ਇਕ ਗੱਲ ਪਰਤੱਖ ਹੈ ਕਿ) ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਪਰਮਾਤਮਾ ਦੇ ਨਾਮ ਨੂੰ ਪਛਾਣ ਲੈਂਦਾ ਹੈ (ਨਾਮ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ) ॥੪॥੫॥੨੫॥
6678	159	ਗਉੜੀ ਗੁਆਰੇਰੀ ਮਹਲਾ ੩॥		Gourree Guaaraeree Mehalaa 3 ||	Gauree Gwaarayree, Third Mehl:	
6679	159	ਹਉਮੈ ਵਿਚਿ ਸਭੁ ਜਗੁ ਬਉਰਾਨਾ॥	(ਬਉਰਾਨਾ) ਕਮਲਾ	Houmai Vich Sabh Jag Bouraanaa ||	The entire world has gone insane in egotism.	(ਹੇ ਭਾਈ! ਪ੍ਰਭੂ-ਨਾਮ ਤੋਂ ਖੁੰਝ ਕੇ) ਹਉਮੈ ਵਿਚ (ਫਸ ਕੇ) ਸਾਰਾ ਜਗਤ ਝੱਲਾ ਹੋ ਰਿਹਾ ਹੈ,
6680	159	ਦੂਜੈ ਭਾਇ ਭਰਮਿ ਭੁਲਾਨਾ॥		Dhoojai Bhaae Bharam Bhulaanaa ||	In the love of duality, it wanders deluded by doubt.	ਮਾਇਆ ਦੇ ਮੋਹ ਦੇ ਕਾਰਨ ਭਟਕਣਾ ਵਿਚ ਪੈ ਕੇ ਕੁਰਾਹੇ ਜਾ ਰਿਹਾ ਹੈ।
6681	159	ਬਹੁ ਚਿੰਤਾ ਚਿਤਵੈ ਆਪੁ ਨ ਪਛਾਨਾ॥	(ਚਿਤਵੈ) ਸੋਚਦਾ	Bahu Chinthaa Chithavai Aap N Pashhaanaa ||	The mind is distracted by great anxiety; no one recognizes one's own self.	ਹੋਰ ਹੋਰ ਕਈ ਸੋਚਾਂ ਸੋਚਦਾ ਰਹਿੰਦਾ ਹੈ ਪਰ ਆਪਣੇ ਆਤਮਕ ਜੀਵਨ ਨੂੰ ਨਹੀਂ ਪੜਤਾਲਦਾ,

6682	159	ਧੰਧਾ ਕਰਤਿਆ ਅਨ ਦਿਨੁ ਵਿਹਾਨਾ॥੧॥	(ਵਿਹਾਨਾ) ਗੁਜਾਰਦਾ	Dhhandhhaa Karathiaa Anadhin Vihaanaa ||1||	Occupied with their own affairs, their nights and days are passing away. ||1||	(ਇਸ ਤਰ੍ਹਾਂ) ਮਾਇਆ ਦੀ ਖ਼ਾਤਰ ਦੌੜ-ਭੱਜ ਕਰਦਿਆਂ (ਮਾਇਆ-ਧਾਰੀ ਜੀਵ ਦਾ) ਹਰੇਕ ਦਿਨ ਬੀਤ ਰਿਹਾ ਹੈ ॥੧॥
6683	159	ਹਿਰਦੈ ਰਾਮੁ ਰਮਹੁ ਮੇਰੇ ਭਾਈ॥	(ਰਮਹੁ) ਸਿਮਰੋ	Hiradhai Raam Ramahu Maerae Bhaaee ||	Meditate on the Lord in your hearts, O my Siblings of Destiny.	ਹੇ ਮੇਰੇ ਭਾਈ! ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਸਿਮਰਦਾ ਰਹੁ।
6684	159	ਗੁਰਮੁਖਿ ਰਸਨਾ ਹਰਿ ਰਸਨ ਰਸਾਈ॥੧॥ਰਹਾਉ॥	(ਰਸਨ) ਰਸਨਾ, ਜੀਭ (ਰਸਾਈ) ਰਸੀਲੀ ਬਣਾਈ	Guramukh Rasanaa Har Rasan Rasaaee ||1|| Rehaao ||	The Gurmukh's tongue savors the sublime essence of the Lord. ||1||Pause||	ਗੁਰੂ ਦੀ ਸਰਨ ਪੈ ਕੇ ਆਪਣੀ ਜੀਭ ਨੂੰ ਪਰਮਾਤਮਾ ਦੇ ਨਾਮ-ਰਸ ਨਾਲ ਰਸੀਲੀ ਬਣਾ ॥੧॥ ਰਹਾਉ ॥
6685	159	ਗੁਰਮੁਖਿ ਹਿਰਦੈ ਜਿਨਿ ਰਾਮੁ ਪਛਾਤਾ॥		Guramukh Hiradhai Jin Raam Pashhaathaa ||	The Gurmukhs recognize the Lord in their own hearts;	ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਆਪਣੇ ਹਿਰਦੇ ਵਿਚ ਪਰਮਾਤਮਾ ਨਾਲ ਜਾਣ-ਪਛਾਣ ਪਾ ਲਈ,
6686	159	ਜਗਜੀਵਨੁ ਸੇਵਿ ਜੁਗ ਚਾਰੇ ਜਾਤਾ॥	ਜੱਗਜੀਵਨੁ	Jagajeevan Saev Jug Chaarae Jaathaa ||	They serve the Lord, the Life of the World. They are famous throughout the four ages.	ਉਹ ਮਨੁੱਖ ਜਗਤ ਦੀ ਜ਼ਿੰਦਗੀ ਦੇ ਆਸਰੇ ਪਰਮਾਤਮਾ ਦੀ ਸੇਵਾ-ਭਗਤੀ ਕਰ ਕੇ ਸਦਾ ਲਈ ਪਰਗਟ ਹੋ ਜਾਂਦਾ ਹੈ।
6687	159	ਹਉਮੈ ਮਾਰਿ ਗੁਰ ਸਬਦਿ ਪਛਾਤਾ॥		Houmai Maar Gur Sabadh Pashhaathaa ||	They subdue egotism, and realize the Word of the Guru's Shabad.	ਉਹ ਮਨੁੱਖ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਨਾਲ) ਸਾਂਝ ਪਾ ਲੈਂਦਾ ਹੈ,

6688	159	ਕ੍ਰਿਪਾ ਕਰੇ ਪ੍ਰਭ ਕਰਮ ਬਿਧਾਤਾ॥੨॥	(ਬਿਧਾਤਾ) ਦਾਤਾ	Kirapaa Karae Prabh Karam Bidhhaathaa ||2||	God, the Architect of Destiny, showers His Mercy upon them. ||2||	ਜਿਸ ਮਨੁੱਖ ਉਤੇ (ਕੀਤੇ) ਕਰਮਾਂ ਅਨੁਸਾਰ (ਜੀਵਾਂ ਨੂੰ) ਪੈਦਾ ਕਰਨ ਵਾਲਾ ਪਰਮਾਤਮਾ ਕਿਰਪਾ ਕਰਦਾ ਹੈ ॥੨॥
6689	159	ਸੇ ਜਨ ਸਚੇ ਜੋ ਗੁਰ ਸਬਦਿ ਮਿਲਾਏ॥		Sae Jan Sachae Jo Gur Sabadh Milaaeae ||	True are those who merge into the Word of the Guru's Shabad;	ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਗੁਰੂ ਦੇ ਸ਼ਬਦ ਵਿਚ ਜੋੜਦਾ ਹੈ,
6690	159	ਧਾਵਤ ਵਰਜੇ ਠਾਕਿ ਰਹਾਏ॥	(ਧਾਵਤ) ਭਟਕਦੇ (ਵਰਜੇ) ਰੋਕੇ	Dhhaavath Varajae Thaak Rehaaeae ||	They restrain their wandering mind and keep it steady.	ਜਿਨ੍ਹਾਂ ਨੂੰ ਮਾਇਆ ਪਿੱਛੇ ਦੌੜਦਿਆਂ ਨੂੰ ਵਰਜਦਾ ਹੈ ਤੇ ਰੋਕ ਰੱਖਦਾ ਹੈ, ਉਹ ਮਨੁੱਖ ਪਰਮਾਤਮਾ ਦਾ ਰੂਪ ਹੋ ਜਾਂਦੇ ਹਨ।
6691	159	ਨਾਮੁ ਨਵ ਨਿਧਿ ਗੁਰ ਤੇ ਪਾਏ॥		Naam Nav Nidhh Gur Thae Paaeae ||	The Naam, the Name of the Lord, is the nine treasures. It is obtained from the Guru.	ਉਹ ਮਨੁੱਖ ਗੁਰੂ ਪਾਸੋਂ ਪਰਮਾਤਮਾ ਦਾ ਨਾਮ ਹਾਸਲ ਕਰ ਲੈਂਦੇ ਹਨ ਜੋ ਉਹਨਾਂ ਵਾਸਤੇ (ਮਾਨੋ, ਧਰਤੀ ਦੇ) ਨੌ ਹੀ ਖ਼ਜ਼ਾਨੇ ਹਨ।
6692	159	ਹਰਿ ਕਿਰਪਾ ਤੇ ਹਰਿ ਵਸੈ ਮਨਿ ਆਏ॥੩॥		Har Kirapaa Thae Har Vasai Man Aaeae ||3||	By the Lord's Grace, the Lord comes to dwell in the mind. ||3||	ਆਪਣੀ ਮਿਹਰ ਨਾਲ ਪਰਮਾਤਮਾ ਉਹਨਾਂ ਦੇ ਮਨ ਵਿਚ ਆ ਵੱਸਦਾ ਹੈ ॥੩॥
6693	159	ਰਾਮ ਰਾਮ ਕਰਤਿਆ ਸੁਖੁ ਸਾਂਤਿ ਸਰੀਰ॥		Raam Raam Karathiaa Sukh Saanth Sareer ||	Chanting the Name of the Lord, Raam, Raam, the body becomes peaceful and tranquil.	(ਹੇ ਭਾਈ!) ਪਰਮਾਤਮਾ ਦਾ ਨਾਮ ਸਿਮਰਦਿਆਂ ਸਰੀਰ ਨੂੰ ਆਨੰਦ ਮਿਲਦਾ ਹੈ ਸ਼ਾਂਤੀ ਮਿਲਦੀ ਹੈ।

6694	159	ਅੰਤਰਿ ਵਸੈ ਨ ਲਾਗੈ ਜਮ ਪੀਰ॥	(ਪੀਰ) ਪੀੜਾ	Anthar Vasai N Laagai Jam Peer ||	He dwells deep within - the pain of death does not touch Him.	ਜਿਸ ਮਨੁੱਖ ਦੇ ਅੰਦਰ (ਹਰਿ-ਨਾਮ) ਆ ਵੱਸਦਾ ਹੈ, ਉਸ ਨੂੰ ਜਮ ਦਾ ਦੁੱਖ ਪੋਹ ਨਹੀਂ ਸਕਦਾ।
6695	159	ਆਪੇ ਸਾਹਿਬੁ ਆਪਿ ਵਜੀਰ॥		Aapae Saahib Aap Vajeer ||	He Himself is our Lord and Master; He is His Own Advisor.	ਹੇ ਨਾਨਕ! ਜੇਹੜਾ ਪਰਮਾਤਮਾ ਆਪ ਜਗਤ ਦਾ ਸਾਹਿਬ ਹੈ ਤੇ ਆਪ ਹੀ (ਜਗਤ ਦੀ ਪਾਲਨਾ ਆਦਿਕ ਕਰਨ ਵਿਚ) ਸਲਾਹ ਦੇਣ ਵਾਲਾ ਹੈ।
6696	159	ਨਾਨਕ ਸੇਵਿ ਸਦਾ ਹਰਿ ਗੁਣੀ ਗਹੀਰ॥੪॥੬॥੨੬॥	(ਗਹੀਰ) ਡੂੰਘੇ ਸਮੁੰਦਰ	Naanak Saev Sadhaa Har Gunee Geheer ||4||6||26||	O Nanak, serve the Lord forever; He is the treasure of glorious virtue. ||4||6||26||	ਜੋ ਸਾਰੇ ਗੁਣਾਂ ਦਾ ਮਾਲਕ ਹੈ ਜੋ ਵੱਡੇ ਜਿਗਰੇ ਵਾਲਾ ਹੈ, ਤੂੰ ਸਦਾ ਉਸ ਦੀ ਸੇਵਾ-ਭਗਤੀ ਕਰ ॥੪॥੬॥੨੬॥
6697	159	ਗਉੜੀ ਗੁਆਰੇਰੀ ਮਹਲਾ ੩॥		Gourree Guaaraeree Mehalaa 3 ||	Gauree Gwaarayree, Third Mehl:	
6698	159	ਸੋ ਕਿਉ ਵਿਸਰੈ ਜਿਸ ਕੇ ਜੀਅ ਪਰਾਨਾ॥		So Kio Visarai Jis Kae Jeea Paraanaa ||	Why forget Him, unto whom the soul and the breath of life belong?	(ਹੇ ਭਾਈ! ਜਿਸ ਪਰਮਾਤਮਾ ਦੇ ਦਿੱਤੇ ਹੋਏ ਇਹ ਜਿੰਦ-ਪ੍ਰਾਣ ਹਨ, ਉਸ ਨੂੰ ਕਦੇ ਭੀ (ਮਨ ਤੋਂ) ਭੁਲਾਣਾ ਨਹੀਂ ਚਾਹੀਦਾ।
6699	159	ਸੋ ਕਿਉ ਵਿਸਰੈ ਸਭ ਮਾਹਿ ਸਮਾਨਾ॥		So Kio Visarai Sabh Maahi Samaanaa ||	Why forget Him, who is all-pervading?	ਉਸ ਨੂੰ ਕਦੇ ਭੀ (ਮਨ ਤੋਂ) ਭੁਲਾਣਾ ਨਹੀਂ ਚਾਹੀਦਾ, ਜੇਹੜਾ ਪਰਮਾਤਮਾ ਸਭ ਜੀਵਾਂ ਵਿਚ ਵਿਆਪਕ ਹੈ।

6700	159	ਜਿਤੁ ਸੇਵਿਐ ਦਰਗਹ ਪਤਿ ਪਰਵਾਨਾ॥੧॥	(ਪਤਿ) ਆਦਰ ਸਹਿਤ (ਪਰਵਾਨਾ) ਪਰਵਾਣ ਹੋਣਾ	Jith Saeviai Dharageh Path Paravaanaa ||1||	Serving Him, one is honored and accepted in the Court of the Lord. ||1||	ਜਿਸ ਦੀ ਸੇਵਾ-ਭਗਤੀ ਕੀਤਿਆਂ ਉਸ ਦੀ ਦਰਗਾਹ ਵਿਚ ਇੱਜ਼ਤ ਮਿਲਦੀ ਹੈ, ਦਰਗਾਹ ਵਿਚ ਕਬੂਲ ਹੋ ਜਾਈਦਾ ਹੈ (ਉਸ ਨੂੰ ਕਦੇ ਭੀ ਮਨ ਤੋਂ ਭੁਲਾਣਾ ਨਹੀਂ ਚਾਹੀਦਾ) ॥੧॥
6701	159	ਹਰਿ ਕੇ ਨਾਮ ਵਿਟਹੁ ਬਲਿ ਜਾਉ॥	(ਵਿਟਹੁ) ਉੱਤੋਂ	Har Kae Naam Vittahu Bal Jaao ||	I am a sacrifice to the Name of the Lord.	ਮੈਂ ਪਰਮਾਤਮਾ ਦੇ ਨਾਮ ਤੋਂ (ਸਦਾ) ਸਦਕੇ ਜਾਂਦਾ ਹਾਂ।
6702	159	ਤੂੰ ਵਿਸਰਹਿ ਤਦਿ ਹੀ ਮਰਿ ਜਾਉ॥੧॥ਰਹਾਉ॥		Thoon Visarehi Thadh Hee Mar Jaao ||1|| Rehaao ||	If I were to forget You, at that very instant, I would die. ||1||Pause||	(ਹੇ ਪ੍ਰਭੂ!) ਜਦੋਂ ਤੂੰ ਮੈਨੂੰ ਵਿਸਰ ਜਾਂਦਾ ਹੈਂ, ਉਸੇ ਵੇਲੇ ਮੇਰੀ ਆਤਮਕ ਮੌਤ ਹੋ ਜਾਂਦੀ ਹੈ! ॥੧॥ ਰਹਾਉ ॥
6703	159	ਤਿਨ ਤੂੰ ਵਿਸਰਹਿ ਜਿ ਤੁਧੁ ਆਪਿ ਭੁਲਾਏ॥		Thin Thoon Visarehi J Thudhh Aap Bhulaaeae ||	Those whom You Yourself have led astray, forget You.	(ਹੇ ਪ੍ਰਭੂ!) ਉਹਨਾਂ ਦੇ ਮਨ ਤੋਂ ਤੂੰ ਭੁੱਲ ਜਾਂਦਾ ਹੈਂ, ਜੇਹੜੇ ਬੰਦੇ ਤੂੰ ਆਪ ਹੀ ਕੁਰਾਹੇ ਪਾ ਦਿੱਤੇ ਹਨ।
6704	160	ਤਿਨ ਤੂੰ ਵਿਸਰਹਿ ਜਿ ਦੂਜੈ ਭਾਏ॥		Thin Thoon Visarehi J Dhoojai Bhaaeae ||	Thse who are in love with duality forget You.	ਜੇਹੜੇ (ਸਦਾ) ਮਾਇਆ ਦੇ ਮੋਹ ਵਿਚ ਹੀ (ਫਸੇ ਰਹਿੰਦੇ ਹਨ) ਉਹਨਾਂ ਦੇ ਮਨ ਤੋਂ ਤੂੰ ਭੁੱਲ ਜਾਂਦਾ ਹੈਂ।
6705	160	ਮਨਮੁਖ ਅਗਿਆਨੀ ਜੋਨੀ ਪਾਏ॥੨॥		Manamukh Agiaanee Jonee Paaeae ||2||	The ignorant, self-willed manmukhs are consigned to reincarnation. ||2||	ਉਹਨਾਂ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਗਿਆਨ-ਹੀਨ ਬੰਦਿਆਂ ਨੂੰ ਤੂੰ ਜੂਨਾਂ ਵਿਚ ਪਾ ਦੇਂਦਾ ਹੈਂ ॥੨॥

6706	160	ਜਿਨ ਇਕ ਮਨਿ ਤੁਠਾ ਸੇ ਸਤਿਗੁਰ ਸੇਵਾ ਲਾਏ॥	(ਤੁੱਠਾ) ਪ੍ਰਸੰਨ ਹੋਏ	Jin Eik Man Thuthaa Sae Sathigur Saevaa Laaeae ||	Those who are pleasing to the One Lord are assigned to	(ਹੇ ਭਾਈ!) ਜਿਨ੍ਹਾਂ ਮਨੁੱਖਾਂ ਉੱਤੇ ਪਰਮਾਤਮਾ ਖ਼ਾਸ ਧਿਆਨ ਨਾਲ ਪ੍ਰਸੰਨ ਹੁੰਦਾ ਹੈ, ਉਹਨਾਂ ਨੂੰ ਉਹ ਗੁਰੂ ਦੀ ਸੇਵਾ ਵਿਚ ਜੋੜਦਾ ਹੈ।
6707	160	ਜਿਨ ਇਕ ਮਨਿ ਤੁਠਾ ਤਿਨ ਹਰਿ ਮੰਨਿ ਵਸਾਏ॥		Jin Eik Man Thuthaa Thin Har Mann Vasaaeae ||	His service and enshrine Him within their minds.	ਉਹਨਾਂ ਦੇ ਮਨ ਵਿਚ ਪਰਮਾਤਮਾ (ਆਪਣਾ ਆਪ) ਵਸਾ ਦੇਂਦਾ ਹੈ, ਜਿਨ੍ਹਾਂ ਮਨੁੱਖਾਂ ਉੱਤੇ ਪਰਮਾਤਮਾ ਖ਼ਾਸ ਧਿਆਨ ਨਾਲ ਪ੍ਰਸੰਨ ਹੁੰਦਾ ਹੈ।
6708	160	ਗੁਰਮਤੀ ਹਰਿ ਨਾਮਿ ਸਮਾਏ॥੩॥		Guramathee Har Naam Samaaeae ||3||	Through the Guru's Teachings, they are absorbed in the Lord's Name. ||3||	ਉਹ ਮਨੁੱਖ ਗੁਰੂ ਦੀ ਮਤਿ ਉਤੇ ਤੁਰ ਕੇ ਪਰਮਾਤਮਾ ਦੇ ਨਾਮ ਵਿਚ (ਸਦਾ) ਲੀਨ ਰਹਿੰਦੇ ਹਨ ॥੩॥
6709	160	ਜਿਨਾ ਪੋਤੈ ਪੁੰਨੁ ਸੇ ਗਿਆਨ ਬੀਚਾਰੀ॥	(ਪੋਤੈ) ਪੱਲੇ	Jinaa Pothai Punn Sae Giaan Beechaaree ||	Those who have virtue as their treasure, contemplate spiritual wisdom.	(ਹੇ ਭਾਈ!) ਜਿਨ੍ਹਾਂ ਮਨੁੱਖਾਂ ਦੇ ਪੱਲੇ ਚੰਗੇ ਭਾਗ ਹੁੰਦੇ ਹਨ, ਉਹ ਮਨੁੱਖ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦੇ ਹਨ।
6710	160	ਜਿਨਾ ਪੋਤੈ ਪੁੰਨੁ ਤਿਨ ਹਉਮੈ ਮਾਰੀ॥		Jinaa Pothai Punn Thin Houmai Maaree ||	Those who have virtue as their treasure, subdue egotism.	ਉਹ ਉੱਚੀ ਵਿਚਾਰ ਦੇ ਮਾਲਕ ਬਣਦੇ ਹਨ, ਉਹ (ਆਪਣੇ ਅੰਦਰੋਂ) ਹਉਮੈ ਦੂਰ ਕਰ ਲੈਂਦੇ ਹਨ, ਜਿਨ੍ਹਾਂ ਦੇ ਪੱਲੇ ਚੰਗੇ ਭਾਗ ਹੁੰਦੇ ਹਨ।

6711	160	ਨਾਨਕ ਜੋ ਨਾਮਿ ਰਤੇ ਤਿਨ ਕਉ ਬਲਿਹਾਰੀ॥੪॥੭॥੨੭॥		Naanak Jo Naam Rathae Thin Ko Balihaaree ||4||7||27||	Nanak is a sacrifice to those who are attuned to the Naam, the Name of the Lord. ||4||7||27||	ਹੇ ਨਾਨਕ! (ਆਖ-) ਮੈਂ ਉਹਨਾਂ ਮਨੁੱਖਾਂ ਤੋਂ (ਸਦਾ) ਸਦਕੇ ਹਾਂ, ਜੇਹੜੇ ਪਰਮਾਤਮਾ ਦੇ ਨਾਮ (-ਰੰਗ) ਵਿਚ ਰੰਗੇ ਰਹਿੰਦੇ ਹਨ ॥੪॥੭॥੨੭॥
6712	160	ਗਉੜੀ ਗੁਆਰੇਰੀ ਮਹਲਾ ੩॥		Gourree Guaaraeree Mehalaa 3 ||	Gauree Gwaarayree, Third Mehl:	
6713	160	ਤੂੰ ਅਕਥੁ ਕਿਉ ਕਥਿਆ ਜਾਹਿ॥	ਅ-ਕਥੁ: ਪੋਲਾ ਬੋਲੋ	Thoon Akathh Kio Kathhiaa Jaahi ||	You are Indescribable; how can I describe You?	ਹੇ ਪ੍ਰਭੂ! ਤੂੰ ਕਥਨ ਤੋਂ ਪਰੇ ਹੈਂ, ਤੇਰਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ।
6714	160	ਗੁਰ ਸਬਦੁ ਮਾਰਣੁ ਮਨ ਮਾਹਿ ਸਮਾਹਿ॥	(ਮਾਰਣੁ) ਮਾਰਨਾ, ਮਸਾਲਾ	Gur Sabadh Maaran Man Maahi Samaahi ||	Those who subdue their minds, through the Word of the Guru's Shabad, are absorbed in You.	ਜਿਸ ਮਨੁੱਖ ਦੇ ਪਾਸ ਗੁਰੂ ਦਾ ਸ਼ਬਦ-ਰੂਪ ਮਸਾਲਾ ਹੈ (ਉਸ ਨੇ ਆਪਣੇ ਮਨ ਨੂੰ ਮਾਰ ਲਿਆ ਹੈ, ਉਸ ਦੇ) ਮਨ ਵਿਚ ਤੂੰ ਆ ਵੱਸਦਾ ਹੈਂ।
6715	160	ਤੇਰੇ ਗੁਣ ਅਨੇਕ ਕੀਮਤਿ ਨਹ ਪਾਹਿ॥੧॥		Thaerae Gun Anaek Keemath Neh Paahi ||1||	Your Glorious Virtues are countless; their value cannot be estimated. ||1||	ਹੇ ਪ੍ਰਭੂ! ਤੇਰੇ ਅਨੇਕਾਂ ਹੀ ਗੁਣ ਹਨ, ਜੀਵ ਤੇਰੇ ਗੁਣਾਂ ਦਾ ਮੁੱਲ ਨਹੀਂ ਪਾ ਸਕਦੇ ॥੧॥
6716	160	ਜਿਸ ਕੀ ਬਾਣੀ ਤਿਸੁ ਮਾਹਿ ਸਮਾਣੀ॥		Jis Kee Baanee This Maahi Samaanee ||	The Word of His Bani belongs to Him; in Him, it is diffused.	ਇਹ ਸਿਫ਼ਤ-ਸਾਲਾਹ ਜਿਸ (ਪਰਮਾਤਮਾ) ਦੀ ਹੈ ਉਸ (ਪਰਮਾਤਮਾ) ਵਿਚ (ਹੀ) ਲੀਨ ਰਹਿੰਦੀ ਹੈ (ਭਾਵ, ਜਿਵੇਂ ਪਰਮਾਤਮਾ ਬੇਅੰਤ ਹੈ ਤਿਵੇਂ ਸਿਫ਼ਤ-ਸਾਲਾਹ ਭੀ ਬੇਅੰਤ ਹੈ ਤਿਵੇਂ ਪਰਮਾਤਮਾ ਦੇ ਗੁਣ ਭੀ ਬੇਅੰਤ ਹਨ)।

6717	160	ਤੇਰੀ ਅਕਥ ਕਥਾ ਗੁਰ ਸਬਦਿ ਵਖਾਣੀ॥੧॥ਰਹਾਉ॥	ਅ-ਕਥ: ਪੋਲਾ ਬੋਲੋ	Thaeree Akathh Kathhaa Gur Sabadh Vakhaanee ||1|| Rehaao ||	Your Speech cannot be spoken; through the Word of the Guru's Shabad, it is chanted. ||1||Pause||	ਹੇ ਪ੍ਰਭੂ! ਤੇਰੇ ਗੁਣਾਂ ਦੀ ਕਹਾਣੀ ਬਿਆਨ ਨਹੀਂ ਕੀਤੀ ਜਾ ਸਕਦੀ। ਗੁਰੂ ਦੇ ਸ਼ਬਦ ਨੇ ਇਹੀ ਗੱਲ ਦੱਸੀ ਹੈ ॥੧॥ ਰਹਾਉ ॥
6718	160	ਜਹ ਸਤਿਗੁਰੁ ਤਹ ਸਤਸੰਗਤਿ ਬਣਾਈ॥		Jeh Sathigur Theh Sathasangath Banaaee ||	Where the True Guru is - there is the Sat Sangat, the True Congregation.	ਜਿਸ ਹਿਰਦੇ ਵਿਚ ਸਤਿਗੁਰੂ ਵੱਸਦਾ ਹੈ ਉਥੇ ਸਤਸੰਗਤਿ ਬਣ ਜਾਂਦੀ ਹੈ,
6719	160	ਜਹ ਸਤਿਗੁਰੁ ਸਹਜੇ ਹਰਿ ਗੁਣ ਗਾਈ॥		Jeh Sathigur Sehajae Har Gun Gaaee ||	Where the True Guru is - there, the Glorious Praises of the Lord are intuitively sung.	(ਕਿਉਂਕਿ) ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਵੱਸਦਾ ਹੈ ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਹਰੀ ਦੇ ਗੁਣ ਗਾਂਦਾ ਹੈ।
6720	160	ਜਹ ਸਤਿਗੁਰੁ ਤਹਾ ਹਉਮੈ ਸਬਦਿ ਜਲਾਈ॥੨॥		Jeh Sathigur Thehaa Houmai Sabadh Jalaaee ||2||	Where the True Guru is - there egotism is burnt away, through the Word of the Shabad. ||2||	ਜਿਸ ਹਿਰਦੇ ਵਿਚ ਗੁਰੂ ਵੱਸਦਾ ਹੈ, ਉਸ ਵਿਚੋਂ ਗੁਰੂ ਦੇ ਸ਼ਬਦ ਨੇ ਹਉਮੈ ਸਾੜ ਦਿੱਤੀ ਹੈ ॥੨॥
6721	160	ਗੁਰਮੁਖਿ ਸੇਵਾ ਮਹਲੀ ਥਾਉ ਪਾਏ॥	ਗੁਰਸੇਵਕ ਜੀ (ਗੁਰਮੁਖਿ) ਗੁਰੂ ਜੀ ਦੀ ਸੇਵਾ ਕਰਕੇ (ਮਹ-ਲੀ) ਪ੍ਰਭ ਜੀ ਦੀ ਹਜ਼ੂਰੀ ਚ (ਥਾਉ) ਵਿਆਪਕ ਅਸਥਾਨ ਪਾਉਂਦੇ ਹਨ	Guramukh Saevaa Mehalee Thhaao Paaeae ||	The Gurmukhs serve Him; they obtain a place in the Mansion of His Presence.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪਰਮਾਤਮਾ ਦੀ ਸੇਵਾ-ਭਗਤੀ ਕਰ ਕੇ ਪਰਮਾਤਮਾ ਦੀ ਹਜ਼ੂਰੀ ਵਿਚ ਥਾਂ ਪ੍ਰਾਪਤ ਕਰ ਲੈਂਦਾ ਹੈ।

6722	160	ਗੁਰਮੁਖਿ ਅੰਤਰਿ ਹਰਿ ਨਾਮੁ ਵਸਾਏ॥		Guramukh Anthar Har Naam Vasaaeae ||	The Gurmukhs enshrine the Naam within the mind.	ਗੁਰੂ ਦੇ ਸਨਮੁਖ ਰਹਿ ਕੇ ਮਨੁੱਖ ਆਪਣੇ ਅੰਦਰ ਪਰਮਾਤਮਾ ਦਾ ਨਾਮ ਵਸਾ ਲੈਂਦਾ ਹੈ।
6723	160	ਗੁਰਮੁਖਿ ਭਗਤਿ ਹਰਿ ਨਾਮਿ ਸਮਾਏ॥੩॥		Guramukh Bhagath Har Naam Samaaeae ||3||	The Gurmukhs worship the Lord, and are absorbed in the Naam. ||3||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪ੍ਰਭੂ-ਭਗਤੀ ਦੀ ਬਰਕਤਿ ਨਾਲ ਪ੍ਰਭੂ ਦੇ ਨਾਮ ਵਿਚ (ਸਦਾ) ਲੀਨ ਰਹਿੰਦਾ ਹੈ ॥੩॥
6724	160	ਆਪੇ ਦਾਤਿ ਕਰੇ ਦਾਤਾਰੁ॥		Aapae Dhaath Karae Dhaathaar ||	The Giver Himself gives His Gifts,	ਦਾਤਾਂ ਦੇਣ ਦੇ ਸਮਰੱਥ ਪਰਮਾਤਮਾ ਆਪ ਹੀ (ਜਿਸ ਮਨੁੱਖ ਨੂੰ ਸਿਫ਼ਤ-ਸਾਲਾਹ ਦੀ) ਦਾਤ ਦੇਂਦਾ ਹੈ,
6725	160	ਪੂਰੇ ਸਤਿਗੁਰ ਸਿਉ ਲਗੈ ਪਿਆਰੁ॥		Poorae Sathigur Sio Lagai Piaar ||	As we enshrine love for the True Guru.	ਉਸ ਦਾ ਪਿਆਰ ਪੂਰੇ ਗੁਰੂ ਨਾਲ ਬਣ ਜਾਂਦਾ ਹੈ।
6726	160	ਨਾਨਕ ਨਾਮਿ ਰਤੇ ਤਿਨ ਕਉ ਜੈਕਾਰੁ॥੪॥੮॥੨੮॥	(ਜੈਕਾਰੁ) ਨਮਸਕਾਰ	Naanak Naam Rathae Thin Ko Jaikaar ||4||8||28||	Nanak celebrates those who are attuned to the Naam, the Name of the Lord. ||4||8||28||	ਹੇ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦੇ ਨਾਮ (-ਰੰਗ) ਵਿਚ ਰੰਗੇ ਰਹਿੰਦੇ ਹਨ, ਉਹਨਾਂ ਨੂੰ (ਲੋਕ ਪਰਲੋਕ ਵਿਚ) ਵਡਿਆਈ ਮਿਲਦੀ ਹੈ ॥੪॥੮॥੨੮॥
6727	160	ਗਉੜੀ ਗੁਆਰੇਰੀ ਮਹਲਾ ੩॥		Gourree Guaaraeree Mehalaa 3 ||	Gauree Gwaarayree, Third Mehl:	

6728	160	ਏਕਸੁ ਤੇ ਸਭਿ ਰੂਪ ਹਹਿ ਰੰਗਾ॥	ਏਕ-ਸੁ	Eaekas Thae Sabh Roop Hehi Rangaa ||	All forms and colors come from the One Lord.	(ਸੰਸਾਰ ਵਿਚ ਦਿੱਸਦੇ ਇਹ) ਸਾਰੇ (ਵਖ ਵਖ) ਰੂਪ ਤੇ ਰੰਗ ਉਸ ਇੱਕ ਪਰਮਾਤਮਾ ਤੋਂ ਹੀ ਬਣੇ ਹਨ।
6729	160	ਪਉਣੁ ਪਾਣੀ ਬੈਸੰਤਰੁ ਸਭਿ ਸਹਲੰਗਾ॥	(ਸਹ-ਲੰਗਾ) ਸਭ ਦੇ ਸਾਥ ਲੱਗੇ ਹੋਏ ਵਾਹਿਗੁਰੂ ਜੀ	Poun Paanee Baisanthar Sabh Sehalangaa ||	Air, water and fire are all kept together.	ਉਸ ਇੱਕ ਤੋਂ ਹੀ ਹਵਾ ਪੈਦਾ ਹੋਈ ਹੈ ਪਾਣੀ ਬਣਿਆ ਹੈ ਅੱਗ ਪੈਦਾ ਹੋਈ ਹੈ ਤੇ ਇਹ ਸਾਰੇ (ਤੱਤ ਵਖ ਵਖ ਰੂਪ ਰੰਗ ਵਾਲੇ ਸਭ ਜੀਵਾਂ ਵਿਚ) ਮਿਲੇ ਹੋਏ ਹਨ।
6730	160	ਭਿੰਨ ਭਿੰਨ ਵੇਖੈ ਹਰਿ ਪ੍ਰਭੁ ਰੰਗਾ॥੧॥		Bhinn Bhinn Vaekhai Har Prabh Rangaa ||1||	The Lord God beholds the many and various colors. ||1||	ਉਹ ਪਰਮਾਤਮਾ (ਆਪ ਹੀ) ਵਖ ਵਖ ਰੰਗਾਂ (ਵਾਲੇ ਜੀਵਾਂ) ਦੀ ਸੰਭਾਲ ਕਰਦਾ ਹੈ ॥੧॥
6731	160	ਏਕੁ ਅਚਰਜੁ ਏਕੋ ਹੈ ਸੋਈ॥	ਅ-ਚਰਜੁ	Eaek Acharaj Eaeko Hai Soee ||	The One Lord is wondrous and amazing! He is the One, the One and Only.	ਇਹ ਇਕ ਅਚਰਜ ਕੌਤਕ ਹੈ ਕਿ ਪਰਮਾਤਮਾ ਆਪ ਹੀ (ਇਸ ਬਹੁ-ਰੰਗੀ ਸੰਸਾਰ ਵਿਚ ਹਰ ਥਾਂ) ਮੌਜੂਦ ਹੈ।
6732	160	ਗੁਰਮੁਖਿ ਵੀਚਾਰੇ ਵਿਰਲਾ ਕੋਈ॥੧॥ਰਹਾਉ॥		Guramukh Veechaarae Viralaa Koee ||1|| Rehaao ||	How rare is that Gurmukh who meditates on the Lord. ||1||Pause||	ਕੋਈ ਵਿਰਲਾ ਮਨੁੱਖ ਗੁਰੂ ਦੀ ਸਰਨ ਪੈ ਕੇ (ਇਸ ਅਚਰਜ ਕੌਤਕ ਨੂੰ) ਵਿਚਾਰਦਾ ਹੈ ॥੧॥ ਰਹਾਉ ॥
6733	160	ਸਹਜਿ ਭਵੈ ਪ੍ਰਭੁ ਸਭਨੀ ਥਾਈ॥	(ਭਵੈ) ਵਿਚਰਦੇ ਹਨ। ਥਾਂਈਂ	Sehaj Bhavai Prabh Sabhanee Thhaaee ||	God is naturally pervading all places.	(ਆਪਣੀ) ਆਤਮਕ ਅਡੋਲਤਾ ਵਿਚ (ਟਿਕਿਆ ਹੋਇਆ ਹੀ ਉਹ) ਪਰਮਾਤਮਾ ਸਭਨਾਂ ਥਾਵਾਂ ਵਿਚ ਵਿਆਪਕ ਹੋ ਰਿਹਾ ਹੈ।

6734	160	ਕਹਾ ਗੁਪਤੁ ਪ੍ਰਗਟੁ ਪ੍ਰਭਿ ਬਣਤ ਬਣਾਈ॥		Kehaa Gupath Pragatt Prabh Banath Banaaee ||	Sometimes He is hidden, and sometimes He is revealed; thus God has made the world of His making.	ਕਿਤੇ ਉਹ ਗੁਪਤ ਹੈ ਕਿਤੇ ਪਰਤੱਖ ਹੈ। ਇਹ ਸਾਰੀ ਜਗਤ-ਖੇਲ ਪ੍ਰਭੂ ਨੇ ਆਪ ਹੀ ਬਣਾਈ ਹੋਈ ਹੈ।
6735	160	ਆਪੇ ਸੁਤਿਆ ਦੇਇ ਜਗਾਈ॥੨॥		Aapae Suthiaa Dhaee Jagaaee ||2||	He Himself wakes us from sleep. ||2||	(ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤੇ ਹੋਏ ਜੀਵਾਂ ਨੂੰ ਉਹ ਪਰਮਾਤਮਾ ਆਪ ਹੀ ਜਗਾ ਦੇਂਦਾ ਹੈ ॥੨॥
6736	160	ਤਿਸ ਕੀ ਕੀਮਤਿ ਕਿਨੈ ਨ ਹੋਈ॥		This Kee Keemath Kinai N Hoee ||	No one can estimate His value,	ਹਰੇਕ ਜੀਵ (ਆਪਣੇ ਵਲੋਂ ਪਰਮਾਤਮਾ ਦੇ ਗੁਣ) ਆਖ ਆਖ ਕੇ (ਉਹਨਾਂ ਗੁਣਾਂ ਦਾ) ਵਰਣਨ ਕਰਦਾ ਹੈ,
6737	160	ਕਹਿ ਕਹਿ ਕਥਨੁ ਕਹੈ ਸਭੁ ਕੋਈ॥		Kehi Kehi Kathhan Kehai Sabh Koee ||	Although everyone has tried, over and over again, to describe Him.	ਪਰ ਕਿਸੇ ਜੀਵ ਪਾਸੋਂ ਉਸ ਦਾ ਮੁੱਲ ਨਹੀਂ ਪੈ ਸਕਦਾ।
6738	160	ਗੁਰ ਸਬਦਿ ਸਮਾਵੈ ਬੂਝੈ ਹਰਿ ਸੋਈ॥੩॥		Gur Sabadh Samaavai Boojhai Har Soee ||3||	Those who merge in the Word of the Guru's Shabad, come to understand the Lord. ||3||	(ਹਾਂ) ਜੇਹੜਾ ਮਨੁੱਖ ਸਤਿਗੁਰੂ ਦੇ ਸ਼ਬਦ ਵਿਚ ਜੁੜਦਾ ਹੈ, ਉਹ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ ॥੩॥

6739	160	ਸੁਣਿ ਸੁਣਿ ਵੇਖੈ ਸਬਦਿ ਮਿਲਾਏ॥		Sun Sun Vaekhai Sabadh Milaaeae ||	They listen to the Shabad continually; beholding Him, they merge into Him.	(ਇਸ ਬਹੁ-ਰੰਗੀ ਸੰਸਾਰ ਦਾ ਮਾਲਕ ਪਰਮਾਤਮਾ ਹਰੇਕ ਜੀਵ ਦੀ ਅਰਜ਼ੋਈ) ਸੁਣ ਸੁਣ ਕੇ (ਹਰੇਕ ਦੀ) ਸੰਭਾਲ ਕਰਦਾ ਹੈ, (ਤੇ ਅਰਦਾਸ ਸੁਣ ਕੇ ਹੀ ਜੀਵ ਨੂੰ) ਗੁਰੂ ਦੇ ਸ਼ਬਦ ਵਿਚ ਜੋੜਦਾ ਹੈ।
6740	160	ਵਡੀ ਵਡਿਆਈ ਗੁਰ ਸੇਵਾ ਤੇ ਪਾਏ॥		Vaddee Vaddiaaee Gur Saevaa Thae Paaeae ||	They obtain glorious greatness by serving the Guru.	(ਗੁਰ-ਸ਼ਬਦ ਵਿਚ ਜੁੜਿਆ ਮਨੁੱਖ) ਗੁਰੂ ਦੀ ਦੱਸੀ ਸੇਵਾ ਤੋਂ (ਲੋਕ ਪਰਲੋਕ ਵਿਚ) ਬੜਾ ਆਦਰ-ਮਾਣ ਪ੍ਰਾਪਤ ਕਰਦਾ ਹੈ।
6741	160	ਨਾਨਕ ਨਾਮਿ ਰਤੇ ਹਰਿ ਨਾਮਿ ਸਮਾਏ॥੪॥੯॥੨੯॥		Naanak Naam Rathae Har Naam Samaaeae ||4||9||29||	O Nanak, those who are attuned to the Name are absorbed in the Lord's Name. ||4||9||29||	ਹੇ ਨਾਨਕ! (ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਹੀ ਅਨੇਕਾਂ ਜੀਵ) ਪਰਮਾਤਮਾ ਦੇ ਨਾਮ (-ਰੰਗ) ਵਿਚ ਰੰਗੇ ਜਾਂਦੇ ਹਨ, ਪਰਮਾਤਮਾ ਦੇ ਨਾਮ ਵਿਚ ਲੀਨ ਹੋ ਜਾਂਦੇ ਹਨ ॥੪॥੯॥੨੯॥
6742	160	ਗਉੜੀ ਗੁਆਰੇਰੀ ਮਹਲਾ ੩॥		Gourree Guaaraeree Mehalaa 3 ||	Gauree Gwaarayree, Third Mehl:	
6743	160	ਮਨਮੁਖਿ ਸੂਤਾ ਮਾਇਆ ਮੋਹਿ ਪਿਆਰਿ॥		Manamukh Soothaa Maaeiaa Mohi Piaar ||	The self-willed manmukhs are asleep, in love and attachment to Maya.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮਾਇਆ ਦੇ ਮੋਹ ਵਿਚ ਮਾਇਆ ਦੇ ਪਿਆਰ ਵਿਚ (ਆਤਮਕ ਜੀਵਨ ਵਲੋਂ) ਗ਼ਾਫ਼ਿਲ ਹੋਇਆ ਰਹਿੰਦਾ ਹੈ।

6744	160	ਗੁਰਮੁਖਿ ਜਾਗੇ ਗੁਣ ਗਿਆਨ ਬੀਚਾਰਿ॥		Guramukh Jaagae Gun Giaan Beechaar ||	The Gurmukhs are awake, contemplating spiritual wisdom and the Glory of God.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪਰਮਾਤਮਾ ਦੇ ਗੁਣਾਂ ਨਾਲ ਜਾਣ-ਪਛਾਣ ਦੀ ਵਿਚਾਰ ਵਿਚ (ਟਿਕ ਕੇ ਮਾਇਆ ਵਲੋਂ) ਸੁਚੇਤ ਰਹਿੰਦਾ ਹੈ।
6745	160	ਸੇ ਜਨ ਜਾਗੇ ਜਿਨ ਨਾਮ ਪਿਆਰਿ॥੧॥		Sae Jan Jaagae Jin Naam Piaar ||1||	Those humble beings who love the Naam, are awake and aware. ||1||	ਜੇਹੜੇ ਮਨੁੱਖਾਂ ਦਾ ਪਰਮਾਤਮਾ ਦੇ ਨਾਮ ਵਿਚ ਪਿਆਰ ਪੈ ਜਾਂਦਾ ਹੈ, ਉਹ ਮਨੁੱਖ (ਮਾਇਆ ਦੇ ਮੋਹ ਵਲੋਂ) ਸੁਚੇਤ ਰਹਿੰਦੇ ਹਨ ॥੧॥
6746	160	ਸਹਜੇ ਜਾਗੈ ਸਵੈ ਨ ਕੋਇ॥		Sehajae Jaagai Savai N Koe ||	One who is awake to this intuitive wisdom does not fall asleep.	ਉਹ (ਵਡਭਾਗੀ ਮਨੁੱਖ) ਆਤਮਕ ਅਡੋਲਤਾ ਵਿਚ ਟਿਕ ਕੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ, ਉਹ ਮਾਇਆ ਦੇ ਮੋਹ ਦੀ ਨੀਂਦ ਵਿਚ ਨਹੀਂ ਫਸਦਾ,
6747	160	ਪੂਰੇ ਗੁਰ ਤੇ ਬੂਝੈ ਜਨੁ ਕੋਇ॥੧॥ਰਹਾਉ॥		Poorae Gur Thae Boojhai Jan Koe ||1|| Rehaao ||	How rare are those humble beings who understand this through the Perfect Guru. ||1||Pause||	ਜੇਹੜਾ ਕੋਈ ਪੂਰੇ ਗੁਰੂ ਪਾਸੋਂ ਆਤਮਕ ਜੀਵਨ ਦੀ ਸੂਝ ਪ੍ਰਾਪਤ ਕਰਦਾ ਹੈ ॥੧॥ ਰਹਾਉ ॥
6748	160	ਅਸੰਤੁ ਅਨਾੜੀ ਕਦੇ ਨ ਬੂਝੈ॥		Asanth Anaarree Kadhae N Boojhai ||	The unsaintly blockhead shall never understand.	ਵਿਕਾਰੀ ਮਨੁੱਖ, ਵਿਕਾਰਾਂ ਵਾਲੇ ਪਾਸੇ ਅੜੀ ਕਰਨ ਵਾਲਾ ਮਨੁੱਖ ਕਦੇ ਭੀ ਆਤਮਕ ਜੀਵਨ ਦੀ ਸਮਝ ਪ੍ਰਾਪਤ ਨਹੀਂ ਕਰ ਸਕਦਾ।

6749	160	ਕਥਨੀ ਕਰੇ ਤੈ ਮਾਇਆ ਨਾਲਿ ਲੂਝੈ॥	(ਲੂੱਝੈ) ਝਗੜਦਾ	Kathhanee Karae Thai Maaeiaa Naal Loojhai ||	He babbles on and on, but he is infatuated with Maya.	ਉਹ ਗਿਆਨ ਦੀਆਂ ਗੱਲਾਂ (ਭੀ) ਕਰਦਾ ਰਹਿੰਦਾ ਹੈ, ਤੇ, ਮਾਇਆ ਵਿਚ ਭੀ ਖਚਿਤ ਹੁੰਦਾ ਰਹਿੰਦਾ ਹੈ।
6750	160	ਅੰਧੁ ਅਗਿਆਨੀ ਕਦੇ ਨ ਸੀਝੈ॥੨॥	(ਸੀਝੈ) ਛੁੱਟਦਾ	Andhh Agiaanee Kadhae N Seejhai ||2||	Blind and ignorant, he shall never be reformed. ||2||	(ਇਹੋ ਜਿਹਾ ਮਾਇਆ ਦੇ ਮੋਹ ਵਿਚ) ਅੰਨ੍ਹਾ ਤੇ ਗਿਆਨ-ਹੀਨ ਮਨੁੱਖ (ਜ਼ਿੰਦਗੀ ਦੀ ਬਾਜ਼ੀ ਵਿਚ) ਕਦੇ ਕਾਮਯਾਬ ਨਹੀਂ ਹੁੰਦਾ ॥੨॥
6751	160	ਇਸੁ ਜੁਗ ਮਹਿ ਰਾਮ ਨਾਮਿ ਨਿਸਤਾਰਾ॥	(ਨਿਸਤਾਰਾ) ਪਾਰ ਉਤਾਰਾ	Eis Jug Mehi Raam Naam Nisathaaraa ||	In this age, salvation comes only from the Lord's Name.	ਇਸ ਮਨੁੱਖਾ ਜਨਮ ਵਿਚ ਆ ਕੇ ਪਰਮਾਤਮਾ ਦੇ ਨਾਮ ਦੀ ਰਾਹੀਂ ਹੀ (ਸੰਸਾਰ-ਸਮੁੰਦਰ ਤੋਂ) ਪਾਰ ਉਤਾਰਾ ਹੋ ਸਕਦਾ ਹੈ।
6752	160	ਵਿਰਲਾ ਕੋ ਪਾਏ ਗੁਰ ਸਬਦਿ ਵੀਚਾਰਾ॥		Viralaa Ko Paaeae Gur Sabadh Veechaaraa ||	How rare are those who contemplate the Word of the Guru's Shabad.	ਕੋਈ ਵਿਰਲਾ ਮਨੁੱਖ ਹੀ ਗੁਰੂ ਦੇ ਸ਼ਬਦ ਵਿਚ ਜੁੜ ਕੇ ਇਹ ਵਿਚਾਰਦਾ ਹੈ।
6753	160	ਆਪਿ ਤਰੈ ਸਗਲੇ ਕੁਲ ਉਧਾਰਾ॥੩॥		Aap Tharai Sagalae Kul Oudhhaaraa ||3||	They save themselves, and save all their family and ancestors as well. ||3||	ਅਜੇਹਾ ਮਨੁੱਖ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ, ਆਪਣੇ ਸਾਰੇ ਕੁਲਾਂ ਨੂੰ ਭੀ ਪਾਰ ਲੰਘਾ ਲੈਂਦਾ ਹੈ ॥੩॥
6754	161	ਇਸੁ ਕਲਿਜੁਗ ਮਹਿ ਕਰਮ ਧਰਮੁ ਨ ਕੋਈ॥		Eis Kalijug Mehi Karam Dhharam N Koee ||	In this Dark Age of Kali Yuga, no one is interested in good karma, or Dharmic faith.	ਇਸ ਕਲਿਜੁਗ (ਭਾਵ, ਕੁਕਰਮ-ਦਸ਼ਾ ਵਿੱਚ) ਕੋਈ ਕਰਮ-ਧਰਮ ਛੁਡਾ ਨਹੀਂ ਸਕਦਾ।

6755	161	ਕਲੀ ਕਾ ਜਨਮੁ ਚੰਡਾਲ ਕੈ ਘਰਿ ਹੋਈ॥		Kalee Kaa Janam Chanddaal Kai Ghar Hoee ||	This Dark Age was born in the house of evil.	ਕੁਕਰਮੀ ਮਨੁੱਖ ਦੇ ਹਿਰਦੇ ਵਿਚ (ਮਾਨੋ) ਕਲਿਜੁਗ ਆ ਜਾਂਦਾ ਹੈ।
6756	161	ਨਾਨਕ ਨਾਮ ਬਿਨਾ ਕੋ ਮੁਕਤਿ ਨ ਹੋਈ॥੪॥੧੦॥੩੦॥		Naanak Naam Binaa Ko Mukath N Hoee ||4||10||30||	O Nanak, without the Naam, the Name of the Lord, no one is liberated. ||4||10||30||	ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਮਨੁੱਖ (ਕਲਿਜੁਗ ਤੋਂ) ਖ਼ਲਾਸੀ ਨਹੀਂ ਪਾ ਸਕਦਾ ॥੪॥੧੦॥੩੦॥
6757	161	ਗਉੜੀ ਮਹਲਾ ੩ ਗੁਆਰੇਰੀ॥		Gourree Mehalaa 3 Guaaraeree ||	Gauree, Third Mehl, Gwaarayree:	
6758	161	ਸਚਾ ਅਮਰੁ ਸਚਾ ਪਾਤਿਸਾਹੁ॥	(ਅਮਰੁ) ਹੁਕਮ	Sachaa Amar Sachaa Paathisaahu ||	True is the Lord King, True is His Royal Command.	ਪਰਮਾਤਮਾ (ਜਗਤ ਦਾ) ਸਦਾ-ਥਿਰ ਰਹਿਣ ਵਾਲਾ ਪਾਤਿਸ਼ਾਹ ਹੈ, ਉਸ ਦਾ ਹੁਕਮ ਅਟੱਲ ਹੈ।
6759	161	ਮਨਿ ਸਾਚੈ ਰਾਤੇ ਹਰਿ ਵੇਪਰਵਾਹੁ॥	(ਰਾਤੇ) ਰੰਗੇ	Man Saachai Raathae Har Vaeparavaahu ||	Those whose minds are attuned to the True,	ਜੇਹੜੇ ਮਨੁੱਖ (ਆਪਣੇ) ਮਨ ਦੀ ਰਾਹੀਂ ਉਸ ਸਦਾ-ਥਿਰ ਪਰਮਾਤਮਾ (ਦੇ ਨਾਮ-ਰੰਗ) ਵਿਚ ਰੰਗੇ ਜਾਂਦੇ ਹਨ, ਉਹ ਉਸ ਵੇਪਰਵਾਹ ਹਰੀ ਦਾ ਰੂਪ ਹੋ ਜਾਂਦੇ ਹਨ।

6760	161	ਸਚੈ ਮਹਲਿ ਸਚਿ ਨਾਮਿ ਸਮਾਹੁ॥੧॥	(ਮਹਲਿ) ਸਰੂਪ ਚ	Sachai Mehal Sach Naam Samaahu ||1||	Carefree Lord enter the True Mansion of His Presence, and merge in the True Name. ||1||	ਉਹ ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਹਜ਼ੂਰੀ ਵਿਚ ਰਹਿੰਦੇ ਹਨ, ਉਸ ਦੇ ਸਦਾ-ਥਿਰ ਨਾਮ ਵਿਚ ਲੀਨਤਾ ਪ੍ਰਾਪਤ ਕਰ ਲੈਂਦੇ ਹਨ ॥੧॥
6761	161	ਸੁਣਿ ਮਨ ਮੇਰੇ ਸਬਦੁ ਵੀਚਾਰਿ॥		Sun Man Maerae Sabadh Veechaar ||	Listen, O my mind: contemplate the Word of the Shabad.	ਹੇ ਮੇਰੇ ਮਨ! (ਗੁਰੂ ਦੀ ਸਿੱਖਿਆ) ਸੁਣ, ਗੁਰੂ ਦੇ ਸ਼ਬਦ ਨੂੰ (ਆਪਣੇ) ਸੋਚ-ਮੰਡਲ ਵਿਚ ਵਸਾ ਰੱਖ।
6762	161	ਰਾਮ ਜਪਹੁ ਭਵਜਲੁ ਉਤਰਹੁ ਪਾਰਿ॥੧॥ਰਹਾਉ॥		Raam Japahu Bhavajal Outharahu Paar ||1|| Rehaao ||	Chant the Lord's Name, and cross over the terrifying world-ocean. ||1||Pause||	ਜੇ ਤੂੰ ਪਰਮਾਤਮਾ ਦਾ ਨਾਮ ਸਿਮਰੇਂਗਾ, ਤਾਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਹਿਂਗਾ ॥੧॥ ਰਹਾਉ ॥
6763	161	ਭਰਮੇ ਆਵੈ ਭਰਮੇ ਜਾਇ॥		Bharamae Aavai Bharamae Jaae ||	In doubt he comes, and in doubt he goes.	ਪਰ ਇਹ ਜਗਤ (ਆਪਣੇ ਮਨ ਦੇ ਪਿੱਛੇ ਤੁਰ ਕੇ) ਮਾਇਆ ਦੇ ਮੋਹ ਵਿਚ ਫਸ ਕੇ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ।
6764	161	ਇਹੁ ਜਗੁ ਜਨਮਿਆ ਦੂਜੈ ਭਾਇ॥		Eihu Jag Janamiaa Dhoojai Bhaae ||	This world is born out of the love of duality.	ਮਾਇਆ ਦੀ ਭਟਕਣਾ ਵਿਚ ਹੀ ਜੰਮਦਾ ਹੈ ਤੇ ਮਾਇਆ ਦੀ ਭਟਕਣਾ ਵਿਚ ਹੀ ਮਰਦਾ ਹੈ।

6765	161	ਮਨਮੁਖਿ ਨ ਚੇਤੈ ਆਵੈ ਜਾਇ॥੨॥		Manamukh N Chaethai Aavai Jaae ||2||	The self-willed manmukh does not remember the Lord; he continues coming and going in reincarnation. ||2||	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਜਗਤ ਪਰਮਾਤਮਾ ਨੂੰ ਚੇਤੇ ਨਹੀਂ ਕਰਦਾ ਤੇ ਜੰਮਦਾ ਮਰਦਾ ਰਹਿੰਦਾ ਹੈ ॥੨॥
6766	161	ਆਪਿ ਭੁਲਾ ਕਿ ਪ੍ਰਭਿ ਆਪਿ ਭੁਲਾਇਆ॥	ਭੁੱਲਾ	Aap Bhulaa K Prabh Aap Bhulaaeiaa ||	Does he himself go astray, or does God lead him astray?	ਇਹ ਜੀਵ ਆਪ ਹੀ ਕੁਰਾਹੇ ਪਿਆ ਹੈ ਜਾਂ ਪਰਮਾਤਮਾ ਨੇ ਆਪ ਇਸ ਨੂੰ ਕੁਰਾਹੇ ਪਾ ਰੱਖਿਆ ਹੈ।
6767	161	ਇਹੁ ਜੀਉ ਵਿਡਾਣੀ ਚਾਕਰੀ ਲਾਇਆ॥	ਗਰੁਸੇਵਾ ਪਰਉਪਕਾਰ ਛੱਡ ਕੇ (ਵਿਡਾਣੀ) ਪਰਾਈ। ਚੱਾਕਰੀ	Eihu Jeeo Viddaanee Chaakaree Laaeiaa ||	This soul is enjoined to the service of someone else.	(ਇਕ ਗੱਲ ਪਰਤੱਖ ਹੈ ਕਿ ਇਹ ਆਪਣਾ ਅਸਲ ਹਿਤ ਭੁਲਾਈ ਬੈਠਾ ਹੈ ਤੇ ਮਾਇਆ ਦੇ ਮੋਹ ਵਿਚ ਫਸ ਕੇ) ਇਹ ਜੀਵ ਬਿਗਾਨੀ ਨੌਕਰੀ ਹੀ ਕਰ ਰਿਹਾ ਹੈ,
6768	161	ਮਹਾ ਦੁਖੁ ਖਟੇ ਬਿਰਥਾ ਜਨਮੁ ਗਵਾਇਆ॥੩॥	ਖੱਟੇ	Mehaa Dhukh Khattae Birathhaa Janam Gavaaeiaa ||3||	It earns only terrible pain, and this life is lost in vain. ||3||	(ਜਿਸ ਤੋਂ) ਇਹ ਮਹਾਨ ਦੁੱਖ ਹੀ ਖੱਟਦਾ ਹੈ ਤੇ ਮਨੁੱਖਾ ਜਨਮ ਵਿਅਰਥ ਗਵਾ ਰਿਹਾ ਹੈ ॥੩॥
6769	161	ਕਿਰਪਾ ਕਰਿ ਸਤਿਗੁਰੂ ਮਿਲਾਏ॥		Kirapaa Kar Sathiguroo Milaaeae ||	Granting His Grace, He leads us to meet the True Guru.	ਪਰਮਾਤਮਾ ਆਪਣੀ ਮਿਹਰ ਕਰ ਕੇ ਜਿਸ ਮਨੁੱਖ ਨੂੰ ਗੁਰੂ ਮਿਲਾਂਦਾ ਹੈ,
6770	161	ਏਕੋ ਨਾਮੁ ਚੇਤੇ ਵਿਚਹੁ ਭਰਮੁ ਚੁਕਾਏ॥		Eaeko Naam Chaethae Vichahu Bharam Chukaaeae ||	Remembering the One Name, doubt is cast out from within.	ਉਹ ਮਨੁੱਖ (ਮਾਇਆ ਦਾ ਮੋਹ ਛੱਡ ਕੇ) ਕੇਵਲ ਪਰਮਾਤਮਾ ਦਾ ਨਾਮ ਸਿਮਰਦਾ ਹੈ, ਤੇ, ਆਪਣੇ ਅੰਦਰੋਂ ਮਾਇਆ ਵਾਲੀ ਭਟਕਣਾ ਦੂਰ ਕਰ ਲੈਂਦਾ ਹੈ।

6771	161	ਨਾਨਕ ਨਾਮੁ ਜਪੇ ਨਾਉ ਨਉ ਨਿਧਿ ਪਾਏ॥੪॥੧੧॥੩੧॥		Naanak Naam Japae Naao No Nidhh Paaeae ||4||11||31||	O Nanak, chanting the Naam, the Name of the Lord, the nine treasures of the Name are obtained. ||4||11||31||	ਹੇ ਨਾਨਕ! ਉਹ ਮਨੁੱਖ ਸਦਾ ਹਰਿ-ਨਾਮ ਸਿਮਰਦਾ ਹੈ ਤੇ ਹਰਿ-ਨਾਮ-ਖ਼ਜ਼ਾਨਾ ਪ੍ਰਾਪਤ ਕਰਦਾ ਹੈ ਜੋ (ਉਸ ਦੇ ਵਾਸਤੇ, ਮਾਨੋ, ਜਗਤ ਦੇ ਸਾਰੇ) ਨੌ ਖ਼ਜ਼ਾਨੇ ਹੈ ॥੪॥੧੧॥੩੧॥
6772	161	ਗਉੜੀ ਗੁਆਰੇਰੀ ਮਹਲਾ ੩॥		Gourree Guaaraeree Mehalaa 3 ||	Gauree Gwaarayree, Third Mehl:	
6773	161	ਜਿਨਾ ਗੁਰਮੁਖਿ ਧਿਆਇਆ ਤਿਨ ਪੂਛਉ ਜਾਇ॥		Jinaa Guramukh Dhhiaaeiaa Thin Pooshho Jaae ||	Go and ask the Gurmukhs, who meditate on the Lord.	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਰਾਹ ਉਤੇ ਤੁਰ ਕੇ ਪਰਮਾਤਮਾ ਦਾ ਨਾਮ ਸਿਮਰਿਆ ਹੈ (ਜਦੋਂ) ਮੈਂ ਉਹਨਾਂ ਪਾਸੋਂ (ਸਿਮਰਨ ਦੀ ਜਾਚ) ਪੁੱਛਦਾ ਹਾਂ,
6774	161	ਗੁਰ ਸੇਵਾ ਤੇ ਮਨੁ ਪਤੀਆਇ॥	(ਪਤੀਆਇ) ਪਤੀਜਦਾ, ਤਸੱਲੀ ਕਰਦਾ	Gur Saevaa Thae Man Patheeaae ||	Serving the Guru, the mind is satisfied.	(ਤਾਂ ਉਹ ਦੱਸਦੇ ਹਨ ਕਿ) ਗੁਰੂ ਦੀ ਦੱਸੀ ਹੋਈ ਸੇਵਾ ਨਾਲ (ਹੀ) ਮਨੁੱਖ ਦਾ ਮਨ (ਪ੍ਰਭੂ-ਸਿਮਰਨ ਵਿਚ) ਪਤੀਜਦਾ ਹੈ।
6775	161	ਸੇ ਧਨਵੰਤ ਹਰਿ ਨਾਮੁ ਕਮਾਇ॥	ਨਾਮ ਧਨ ਵਾਲੇ (ਧਨਵੰਤ) ਦੌਲਤਮੰਦ	Sae Dhhanavanth Har Naam Kamaae ||	Those who earn the Lord's Name are wealthy.	(ਗੁਰੂ ਦੀ ਸਰਨ ਪੈਣ ਵਾਲੇ) ਉਹ ਮਨੁੱਖ ਪਰਮਾਤਮਾ ਦਾ ਨਾਮ-ਧਨ ਖੱਟ ਕੇ ਧਨਾਢ ਹੋ ਜਾਂਦੇ ਹਨ।
6776	161	ਪੂਰੇ ਗੁਰ ਤੇ ਸੋਝੀ ਪਾਇ॥੧॥		Poorae Gur Thae Sojhee Paae ||1||	Through the Perfect Guru, understanding is obtained. ||1||	ਇਹ ਅਕਲ ਪੂਰੇ ਗੁਰੂ ਪਾਸੋਂ ਹੀ ਮਿਲਦੀ ਹੈ ॥੧॥

6777	161	ਹਰਿ ਹਰਿ ਨਾਮੁ ਜਪਹੁ ਮੇਰੇ ਭਾਈ॥		Har Har Naam Japahu Maerae Bhaaee ||	Chant the Name of the Lord, Har, Har, O my Siblings of Destiny.	ਹੇ ਮੇਰੇ ਭਾਈ! (ਗੁਰੂ ਦੀ ਸਰਨ ਪੈ ਕੇ) ਸਦਾ ਪਰਮਾਤਮਾ ਦਾ ਨਾਮ ਸਿਮਰਦੇ ਰਹੋ।
6778	161	ਗੁਰਮੁਖਿ ਸੇਵਾ ਹਰਿ ਘਾਲ ਥਾਇ ਪਾਈ॥੧॥ਰਹਾਉ॥		Guramukh Saevaa Har Ghaal Thhaae Paaee ||1|| Rehaao ||	The Gurmukhs serve the Lord, and so they are accepted. ||1||Pause||	ਗੁਰੂ ਦੀ ਰਾਹੀਂ ਕੀਤੀ ਹੋਈ ਸੇਵਾ-ਭਗਤੀ ਦੀ ਮਿਹਨਤ ਪਰਮਾਤਮਾ ਕਬੂਲ ਕਰ ਲੈਂਦਾ ਹੈ ॥੧॥ ਰਹਾਉ ॥
6779	161	ਆਪੁ ਪਛਾਣੈ ਮਨੁ ਨਿਰਮਲੁ ਹੋਇ॥		Aap Pashhaanai Man Niramal Hoe ||	Those who recognize the self - their minds become pure.	(ਗੁਰੂ ਦੀ ਰਾਹੀਂ ਜੇਹੜਾ ਮਨੁੱਖ) ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ, ਉਸ ਦਾ ਮਨ ਪਵਿਤ੍ਰ ਹੋ ਜਾਂਦਾ ਹੈ।
6780	161	ਜੀਵਨ ਮੁਕਤਿ ਹਰਿ ਪਾਵੈ ਸੋਇ॥		Jeevan Mukath Har Paavai Soe ||	They become Jivan-mukta, liberated while yet alive, and they find the Lord.	ਉਹ ਇਸ ਜਨਮ ਵਿਚ ਹੀ ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਹਾਸਲ ਕਰ ਲੈਂਦਾ ਹੈ ਤੇ ਪਰਮਾਤਮਾ ਨੂੰ ਮਿਲ ਪੈਂਦਾ ਹੈ।
6781	161	ਹਰਿ ਗੁਣ ਗਾਵੈ ਮਤਿ ਊਤਮ ਹੋਇ॥		Har Gun Gaavai Math Ootham Hoe ||	Singing the Glorious Praises of the Lord, the intellect becomes pure and sublime,	ਜੇਹੜਾ ਮਨੁੱਖ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਗੁਣ ਗਾਂਦਾ ਹੈ,
6782	161	ਸਹਜੇ ਸਹਜਿ ਸਮਾਵੈ ਸੋਇ॥੨॥		Sehajae Sehaj Samaavai Soe ||2||	And they are easily and intuitively absorbed in the Lord. ||2||	ਉਸ ਦੀ ਬੁੱਧੀ ਸ੍ਰੇਸ਼ਟ ਹੋ ਜਾਂਦੀ ਹੈ ਉਹ ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ॥੨॥

6783	161	ਦੂਜੈ ਭਾਇ ਨ ਸੇਵਿਆ ਜਾਇ॥		Dhoojai Bhaae N Saeviaa Jaae ||	In the love of duality, no one can serve the Lord.	(ਹੇ ਮੇਰੇ ਭਾਈ!) ਮਾਇਆ ਦੇ ਮੋਹ ਵਿਚ ਫਸੇ ਰਿਹਾਂ ਪਰਮਾਤਮਾ ਦੀ ਸੇਵਾ-ਭਗਤੀ ਨਹੀਂ ਹੋ ਸਕਦੀ।
6784	161	ਹਉਮੈ ਮਾਇਆ ਮਹਾ ਬਿਖੁ ਖਾਇ॥	(ਬਿਖੁ) ਜ਼ਹਰ	Houmai Maaeiaa Mehaa Bikh Khaae ||	In egotism and Maya, they are eating toxic poison.	ਹਉਮੈ ਇਕ ਵੱਡਾ ਜ਼ਹਰ ਹੈ ਮਾਇਆ ਦਾ ਮੋਹ ਵੱਡਾ ਜ਼ਹਰ ਹੈ (ਇਹ ਜ਼ਹਰ ਮਨੁੱਖ ਦੇ ਆਤਮਕ ਜੀਵਨ ਨੂੰ) ਮਾਰ ਮੁਕਾਂਦਾ ਹੈ।
6785	161	ਪੁਤਿ ਕੁਟੰਬਿ ਗ੍ਰਿਹਿ ਮੋਹਿਆ ਮਾਇ॥	(ਕੁਟੰਬਿ) ਪਰਵਾਰ। ਗ੍ਰਿਹਿ	Puth Kuttanb Grihi Mohiaa Maae ||	They are emotionally attached to their children, family and home.	ਮਾਇਆ (ਮਨੁੱਖ ਨੂੰ) ਪੁੱਤਰ (ਦੇ ਮੋਹ) ਦੀ ਰਾਹੀਂ, ਪਰਵਾਰ (ਦੇ ਮੋਹ) ਦੀ ਰਾਹੀਂ, ਘਰ (ਦੇ ਮੋਹ) ਦੀ ਰਾਹੀਂ ਠੱਗਦੀ ਰਹਿੰਦੀ ਹੈ।
6786	161	ਮਨਮੁਖਿ ਅੰਧਾ ਆਵੈ ਜਾਇ॥੩॥		Manamukh Andhhaa Aavai Jaae ||3||	The blind, self-willed manmukhs come and go in reincarnation. ||3||	(ਮਾਇਆ ਦੇ ਮੋਹ ਵਿਚ) ਅੰਨ੍ਹਾ ਹੋਇਆ ਮਨੁੱਖ ਆਪਣੇ ਮਨ ਦੇ ਪਿੱਛੇ ਤੁਰ ਕੇ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ ॥੩॥
6787	161	ਹਰਿ ਹਰਿ ਨਾਮੁ ਦੇਵੈ ਜਨੁ ਸੋਇ॥	(ਜਨੁ) ਦਾਸ	Har Har Naam Dhaevai Jan Soe ||	Those, unto whom the Lord bestows His Name,	ਪਰਮਾਤਮਾ (ਗੁਰੂ ਦੀ ਰਾਹੀਂ ਜਿਸ ਮਨੁੱਖ ਨੂੰ) ਆਪਣੇ ਨਾਮ ਦੀ ਦਾਤ ਦੇਂਦਾ ਹੈ, ਉਹ ਮਨੁੱਖ (ਉਸ ਦਾ) ਸੇਵਕ ਬਣ ਜਾਂਦਾ ਹੈ।
6788	161	ਅਨ ਦਿਨੁ ਭਗਤਿ ਗੁਰ ਸਬਦੀ ਹੋਇ॥		Anadhin Bhagath Gur Sabadhee Hoe ||	Worship Him night and day, through the Word of the Guru's Shabad.	ਗੁਰੂ ਦੇ ਸ਼ਬਦ ਦੀ ਰਾਹੀਂ ਹੀ ਹਰ ਰੋਜ਼ ਪਰਮਾਤਮਾ ਦੀ ਭਗਤੀ ਹੋ ਸਕਦੀ ਹੈ।

6789	161	ਗੁਰਮਤਿ ਵਿਰਲਾ ਬੂਝੈ ਕੋਇ॥		Guramath Viralaa Boojhai Koe ||	How rare are those who understand the Guru's Teachings!	ਗੁਰੂ ਦੀ ਮਤਿ ਲੈ ਕੇ ਹੀ ਕੋਈ ਵਿਰਲਾ ਮਨੁੱਖ (ਜੀਵਨ-ਮਨੋਰਥ ਨੂੰ) ਸਮਝਦਾ ਹੈ।
6790	161	ਨਾਨਕ ਨਾਮਿ ਸਮਾਵੈ ਸੋਇ॥੪॥੧੨॥੩੨॥		Naanak Naam Samaavai Soe ||4||12||32||	O Nanak, they are absorbed in the Naam, the Name of the Lord. ||4||12||32||	ਤੇ, ਹੇ ਨਾਨਕ! ਉਹ ਮਨੁੱਖ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ ॥੪॥੧੨॥੩੨॥
6791	161	ਗਉੜੀ ਗੁਆਰੇਰੀ ਮਹਲਾ ੩॥		Gourree Guaaraeree Mehalaa 3 ||	Gauree Gwaarayree, Third Mehl:	
6792	161	ਗੁਰ ਸੇਵਾ ਜੁਗ ਚਾਰੇ ਹੋਈ॥		Gur Saevaa Jug Chaarae Hoee ||	The Guru's service has been performed throughout the four ages.	ਗੁਰੂ ਦੀ ਦੱਸੀ ਸੇਵਾ ਕਰਨ ਦਾ ਨਿਯਮ ਸਦਾ ਤੋਂ ਹੀ ਚਲਿਆ ਆ ਰਿਹਾ ਹੈ (ਚੌਹਾਂ ਜੁਗਾਂ ਵਿਚ ਹੀ ਪਰਵਾਨ ਹੈ)।
6793	161	ਪੂਰਾ ਜਨੁ ਕਾਰ ਕਮਾਵੈ ਕੋਈ॥		Pooraa Jan Kaar Kamaavai Koee ||	Very few are those perfect ones who do this good deed.	ਕੋਈ ਪੂਰਨ ਮਨੁੱਖ ਹੀ ਗੁਰੂ ਦੀ ਦੱਸੀ ਕਾਰ (ਪੂਰੀ ਸ਼ਰਧਾ ਨਾਲ) ਕਰਦਾ ਹੈ।
6794	161	ਅਖੁਟੁ ਨਾਮ ਧਨੁ ਹਰਿ ਤੋਟਿ ਨ ਹੋਈ॥	(ਤੋਟਿ) ਥੁੜ। ਅ-ਖੁੱਟੁ	Akhutt Naam Dhhan Har Thott N Hoee ||	The wealth of the Lord's Name is inexhaustible; it shall never be exhausted.	(ਜੇਹੜਾ ਮਨੁੱਖ ਗੁਰੂ ਦੀ ਦੱਸੀ ਕਾਰ ਪੂਰੀ ਸ਼ਰਧਾ ਨਾਲ ਕਰਦਾ ਹੈ ਉਹ) ਕਦੇ ਨਾਹ ਮੁਕਣ ਵਾਲਾ ਹਰਿ-ਨਾਮ-ਧਨ (ਇਕੱਠਾ ਕਰ ਲੈਂਦਾ ਹੈ, ਉਸ ਧਨ ਵਿਚ ਕਦੇ) ਘਾਟਾ ਨਹੀਂ ਪੈਂਦਾ।

6795	161	ਐਥੈ ਸਦਾ ਸੁਖੁ ਦਰਿ ਸੋਭਾ ਹੋਈ॥੧॥		Aithhai Sadhaa Sukh Dhar Sobhaa Hoee ||1||	In this world, it brings a constant peace, and at the Lord's Gate, it brings honor. ||1||	(ਇਹ ਨਾਮ-ਧਨ ਇਕੱਠਾ ਕਰਨ ਵਾਲਾ ਮਨੁੱਖ) ਇਸ ਲੋਕ ਵਿਚ ਸਦਾ ਆਤਮਕ ਆਨੰਦ ਮਾਣਦਾ ਹੈ, ਪ੍ਰਭੂ ਦੀ ਹਜ਼ੂਰੀ ਵਿਚ ਭੀ ਉਸ ਨੂੰ ਸੋਭਾ ਮਿਲਦੀ ਹੈ ॥੧॥
6796	161	ਏ ਮਨ ਮੇਰੇ ਭਰਮੁ ਨ ਕੀਜੈ॥		Eae Man Maerae Bharam N Keejai ||	O my mind, have no doubt about this.	ਹੇ ਮੇਰੇ ਮਨ! (ਗੁਰੂ ਦੀ ਦੱਸੀ ਸਿੱਖਿਆ ਉਤੇ) ਸ਼ੱਕ ਨਹੀਂ ਕਰਨਾ ਚਾਹੀਦਾ।
6797	161	ਗੁਰਮੁਖਿ ਸੇਵਾ ਅੰਮ੍ਰਿਤ ਰਸੁ ਪੀਜੈ॥੧॥ਰਹਾਉ॥		Guramukh Saevaa Anmrith Ras Peejai ||1|| Rehaao ||	Those Gurmukhs who serve, drink in the Ambrosial Nectar. ||1||Pause||	ਗੁਰੂ ਦੀ ਦੱਸੀ ਸੇਵਾ-ਭਗਤੀ ਕਰ ਕੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਰਸ ਪੀਣਾ ਚਾਹੀਦਾ ਹੈ ॥੧॥ ਰਹਾਉ ॥
6798	161	ਸਤਿਗੁਰੁ ਸੇਵਹਿ ਸੇ ਮਹਾਪੁਰਖ ਸੰਸਾਰੇ॥		Sathigur Saevehi Sae Mehaapurakh Sansaarae ||	Those who serve the True Guru are the greatest people of the world.	ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ ਸੰਸਾਰ ਵਿਚ ਮਹਾ ਪੁਰਖ ਮੰਨੇ ਜਾਂਦੇ ਹਨ।
6799	161	ਆਪਿ ਉਧਰੇ ਕੁਲ ਸਗਲ ਨਿਸਤਾਰੇ॥		Aap Oudhharae Kul Sagal Nisathaarae ||	They save themselves, and they redeem all their generations as well.	ਉਹ ਸੰਸਾਰ-ਸਮੁੰਦਰ ਤੋਂ ਆਪ ਪਾਰ ਲੰਘ ਜਾਂਦੇ ਹਨ, ਆਪਣੀਆਂ ਸਾਰੀਆਂ ਕੁਲਾਂ ਨੂੰ ਭੀ ਪਾਰ ਲੰਘਾ ਲੈਂਦੇ ਹਨ।
6800	161	ਹਰਿ ਕਾ ਨਾਮੁ ਰਖਹਿ ਉਰ ਧਾਰੇ॥		Har Kaa Naam Rakhehi Our Dhhaarae ||	They keep the Name of the Lord clasped tightly to their hearts.	ਉਹ ਪਰਮਾਤਮਾ ਦਾ ਨਾਮ ਸਦਾ ਆਪਣੇ ਹਿਰਦੇ ਵਿਚ ਸੰਭਾਲ ਰੱਖਦੇ ਹਨ।
6801	161	ਨਾਮਿ ਰਤੇ ਭਉਜਲ ਉਤਰਹਿ ਪਾਰੇ॥੨॥	(ਭਉਜਲ) ਸੰਸਾਰ ਸਮੁੰਦਰ। ਉੱਤਰ-ਹਿ	Naam Rathae Bhoujal Outharehi Paarae ||2||	Attuned to the Naam, they cross over the terrifying world-ocean. ||2||	ਪ੍ਰਭੂ-ਨਾਮ (ਦੇ ਰੰਗ) ਵਿਚ ਰੰਗੇ ਹੋਏ ਉਹ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ ॥੨॥

6802	161	ਸਤਿਗੁਰੁ ਸੇਵਹਿ ਸਦਾ ਮਨਿ ਦਾਸਾ॥	ਦਾਸਾ ਭਾਵ	Sathigur Saevehi Sadhaa Man Dhaasaa ||	Serving the True Guru, the mind becomes humble forever.	ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ ਆਪਣੇ ਮਨ ਵਿਚ ਸਦਾ (ਸਭਨਾਂ ਦੇ) ਦਾਸ ਬਣੇ ਰਹਿੰਦੇ ਹਨ।
6803	161	ਹਉਮੈ ਮਾਰਿ ਕਮਲੁ ਪਰਗਾਸਾ॥		Houmai Maar Kamal Paragaasaa ||	Egotism is subdued, and the heart-lotus blossoms forth.	ਉਹ ਆਪਣੇ ਅੰਦਰੋਂ ਹਉਮੈ ਦੂਰ ਕਰ ਲੈਂਦੇ ਹਨ ਤੇ ਉਹਨਾਂ ਦਾ ਹਿਰਦਾ-ਕਮਲ ਖਿੜਿਆ ਰਹਿੰਦਾ ਹੈ।
6804	161	ਅਨਹਦੁ ਵਾਜੈ ਨਿਜ ਘਰਿ ਵਾਸਾ॥	(ਨਿਜ) ਅਪਣੇ	Anehadh Vaajai Nij Ghar Vaasaa ||	The Unstruck Melody vibrates, as they dwell within the home of the self.	ਉਹਨਾਂ ਦੇ ਅੰਦਰ (ਸਿਫ਼ਤ-ਸਾਲਾਹ ਦਾ, ਮਾਨੋ, ਵਾਜਾ) ਇਕ-ਰਸ ਵੱਜਦਾ ਰਹਿੰਦਾ ਹੈ, ਉਹਨਾਂ ਦੀ ਸੁਰਤ ਪ੍ਰਭੂ-ਚਰਨਾਂ ਵਿਚ ਟਿਕੀ ਰਹਿੰਦੀ ਹੈ।
6805	161	ਨਾਮਿ ਰਤੇ ਘਰ ਮਾਹਿ ਉਦਾਸਾ॥੩॥		Naam Rathae Ghar Maahi Oudhaasaa ||3||	Attuned to the Naam, they remain detached within their own home. ||3||	ਪ੍ਰਭੂ-ਨਾਮ ਵਿਚ ਰੰਗੇ ਹੋਏ ਉਹ ਮਨੁੱਖ ਗ੍ਰਿਹਸਤ ਵਿਚ ਰਹਿੰਦੇ ਹੋਏ ਭੀ ਮਾਇਆ ਦੇ ਮੋਹ ਤੋਂ ਨਿਰਲੇਪ ਰਹਿੰਦੇ ਹਨ ॥੩॥
6806	161	ਸਤਿਗੁਰੁ ਸੇਵਹਿ ਤਿਨ ਕੀ ਸਚੀ ਬਾਣੀ॥		Sathigur Saevehi Thin Kee Sachee Baanee ||	Serving the True Guru, their words are true.	ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ (ਪਰਮਾਤਮਾ ਦੀ ਸਿਫ਼ਤ-ਸਾਲਾਹ ਵਿਚ ਉਚਾਰੀ ਹੋਈ) ਉਹਨਾਂ ਦੀ ਬਾਣੀ ਸਦਾ ਲਈ ਅਟੱਲ ਹੋ ਜਾਂਦੀ ਹੈ।
6807	161	ਜੁਗੁ ਜੁਗੁ ਭਗਤੀ ਆਖਿ ਵਖਾਣੀ॥	(ਭਗਤੀਂ) ਭਗਤਾਂ ਨੇ। ਜੁੱਗੁ ਜੁੱਗੁ	Jug Jug Bhagathee Aakh Vakhaanee ||	Throughout the ages, the devotees chant and repeat these words.	ਹਰੇਕ ਜੁਗ ਵਿਚ (ਸਦਾ ਹੀ) ਭਗਤ ਜਨ ਉਹ ਬਾਣੀ ਉਚਾਰ ਕੇ (ਹੋਰਨਾਂ ਨੂੰ ਭੀ) ਸੁਣਾਂਦੇ ਹਨ।

6808	161	ਅਨ ਦਿਨੁ ਜਪਹਿ ਹਰਿ ਸਾਰੰਗਪਾਣੀ॥	(ਸਾਰੰਗਪਾਣੀ) ਵਾਹਿਗੁਰੂ ਜੀ ਵਾ ਜਿਵੇਂ (ਸਾਰੰਗ) ਬਬੀਹਾ ਪਾਣੀ ਲਈ ਤਰਸਦਾ	Anadhin Japehi Har Saarangapaanee ||	Night and day, they meditate on the Lord, the Sustainer of the Earth.	ਉਹ ਮਨੁੱਖ ਹਰ ਰੋਜ਼ ਸਾਰੰਗ-ਪਾਣੀ ਪ੍ਰਭੂ ਦਾ ਨਾਮ ਜਪਦੇ ਰਹਿੰਦੇ ਹਨ।
6809	162	ਨਾਨਕ ਨਾਮਿ ਰਤੇ ਨਿਹਕੇਵਲ ਨਿਰਬਾਣੀ॥੪॥੧੩॥ ੩੩॥	(ਨਿਹਕੇਵਲ) ਸ਼ੁੱਧ। (ਨਿਰਬਾਣੀ) ਦੁੱਖਾਂ ਤੋਂ ਰਹਿਤ ਨਿਰਲੇਪ	Naanak Naam Rathae Nihakaeval Nirabaanee ||4||13||33||	O Nanak, attuned to the Naam, the Name of the Lord, they are detached, in the perfect balance of Nirvaanaa. ||4||13||33||	ਹੇ ਨਾਨਕ! ਜੇਹੜੇ ਮਨੁੱਖ (ਗੁਰੂ ਦੀ ਸਰਨ ਪੈ ਕੇ) ਪ੍ਰਭੂ ਦੇ ਨਾਮ ਵਿਚ ਰੰਗੇ ਜਾਂਦੇ ਹਨ, ਉਹਨਾਂ ਦਾ ਜੀਵਨ ਪਵਿਤ੍ਰ ਹੋ ਜਾਂਦਾ ਹੈ, ਉਹ ਵਾਸਨਾ-ਰਹਿਤ ਹੋ ਜਾਂਦੇ ਹਨ ॥੪॥੧੩॥੩੩॥
6810	162	ਗਉੜੀ ਗੁਆਰੇਰੀ ਮਹਲਾ ੩॥		Gourree Guaaraeree Mehalaa 3 ||	Gauree Gwaarayree, Third Mehl:	
6811	162	ਸਤਿਗੁਰੁ ਮਿਲੈ ਵਡਭਾਗਿ ਸੰਜੋਗ॥		Sathigur Milai Vaddabhaag Sanjog ||	Through great good fortune and high destiny, one meets the True Guru.	ਜਿਸ ਮਨੁੱਖ ਨੂੰ ਵੱਡੀ ਕਿਸਮਤਿ ਨਾਲ ਭਲੇ ਸੰਜੋਗਾਂ ਨਾਲ ਗੁਰੂ ਮਿਲ ਪੈਂਦਾ ਹੈ,
6812	162	ਹਿਰਦੈ ਨਾਮੁ ਨਿਤ ਹਰਿ ਰਸ ਭੋਗ॥੧॥		Hiradhai Naam Nith Har Ras Bhog ||1||	The Naam, the Name of the Lord, is constantly within the heart, and one enjoys the sublime essence of the Lord. ||1||	ਉਸ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ, ਉਹ ਸਦਾ ਪਰਮਾਤਮਾ ਦੇ ਨਾਮ-ਰਸ ਦਾ ਆਨੰਦ ਮਾਣਦਾ ਹੈ ॥੧॥

6813	162	ਗੁਰਮੁਖਿ ਪ੍ਰਾਣੀ ਨਾਮੁ ਹਰਿ ਧਿਆਇ॥		Guramukh Praanee Naam Har Dhhiaae ||	O mortal, become Gurmukh, and meditate on the Name of the Lord.	ਜੇਹੜਾ ਪ੍ਰਾਣੀ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ,
6814	162	ਜਨਮੁ ਜੀਤਿ ਲਾਹਾ ਨਾਮੁ ਪਾਇ॥੧॥ਰਹਾਉ॥		Janam Jeeth Laahaa Naam Paae ||1|| Rehaao ||	Be victorious in the game of life, and earn the profit of the Naam. ||1||Pause||	ਉਹ ਮਨੁੱਖਾ ਜਨਮ ਦੀ ਬਾਜ਼ੀ ਜਿੱਤ ਕੇ (ਜਾਂਦਾ ਹੈ, ਤੇ) ਪਰਮਾਤਮਾ ਦਾ ਨਾਮ-ਧਨ ਖੱਟੀ ਖੱਟ ਲੈਂਦਾ ਹੈ ॥੧॥ ਰਹਾਉ ॥
6815	162	ਗਿਆਨੁ ਧਿਆਨੁ ਗੁਰ ਸਬਦੁ ਹੈ ਮੀਠਾ॥		Giaan Dhhiaan Gur Sabadh Hai Meethaa ||	Spiritual wisdom and meditation come to those unto whom the Word of the Guru's Shabad is sweet.	ਜਿਸ ਮਨੁੱਖ ਨੂੰ ਸਤਿਗੁਰੂ ਦਾ ਸ਼ਬਦ ਮਿੱਠਾ ਲੱਗਦਾ ਹੈ, (ਗੁਰੂ ਦਾ ਸ਼ਬਦ ਹੀ ਉਸ ਦੇ ਵਾਸਤੇ) ਧਰਮ-ਚਰਚਾ ਹੈ (ਗੁਰ-ਸ਼ਬਦ ਹੀ ਉਸ ਦੇ ਵਾਸਤੇ) ਸਮਾਧੀ ਹੈ।
6816	162	ਗੁਰ ਕਿਰਪਾ ਤੇ ਕਿਨੈ ਵਿਰਲੈ ਚਖਿ ਡੀਠਾ॥੨॥		Gur Kirapaa Thae Kinai Viralai Chakh Ddeethaa ||2||	By Guru's Grace, a few have tasted, and seen it. ||2||	ਪਰ ਕਿਸੇ ਵਿਰਲੇ ਭਾਗਾਂ ਵਾਲੇ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ (ਗੁਰੂ ਦੇ ਮਿੱਠੇ ਸ਼ਬਦ ਦਾ ਰਸ) ਚੱਖ ਕੇ ਵੇਖਿਆ ਹੈ ॥੨॥
6817	162	ਕਰਮ ਕਾਂਡ ਬਹੁ ਕਰਹਿ ਅਚਾਰ॥		Karam Kaandd Bahu Karehi Achaar ||	They may perform all sorts of religious rituals and good actions,	ਜੇਹੜੇ ਬੰਦੇ (ਜਨਮ ਜਨੇਊ ਵਿਆਹ ਮਰਨ ਕਿਰਿਆ ਆਦਿਕ ਸਮੇ ਸ਼ਾਸਤ੍ਰਾਂ ਅਨੁਸਾਰ ਮੰਨੇ ਹੋਏ) ਧਾਰਮਿਕ ਕਰਮ ਕਰਦੇ ਹਨ ਤੇ ਹੋਰ ਅਨੇਕਾਂ ਧਾਰਮਿਕ ਰਸਮਾਂ ਕਰਦੇ ਹਨ,

6818	162	ਬਿਨੁ ਨਾਵੈ ਧ੍ਰਿਗੁ ਧ੍ਰਿਗੁ ਅਹੰਕਾਰ॥੩॥	(ਧ੍ਰਿਗੁ) ਫਿਟਕਾਰ ਯੋਗ। ਅਹੰ-ਕਾਰ	Bin Naavai Dhhrig Dhhrig Ahankaar ||3||	But without the Name, the egotistical ones are cursed and doomed. ||3||	ਪਰ ਪਰਮਾਤਮਾ ਦੇ ਨਾਮ ਤੋਂ ਵਾਂਜੇ ਰਹਿੰਦੇ ਹਨ, (ਇਹ ਕਰਮ ਕਾਂਡ ਉਹਨਾਂ ਦੇ ਅੰਦਰ) ਅਹੰਕਾਰ (ਪੈਦਾ ਕਰਦਾ ਹੈ ਤੇ ਉਹਨਾਂ ਦਾ ਜੀਵਨ) ਫਿਟਕਾਰ-ਜੋਗ ਹੀ (ਰਹਿੰਦਾ ਹੈ) ॥੩॥
6819	162	ਬੰਧਨਿ ਬਾਧਿਓ ਮਾਇਆ ਫਾਸ॥	(ਫਾਸ) ਫਾਹੀ	Bandhhan Baadhhiou Maaeiaa Faas ||	They are bound and gagged, and hung by Maya's noose;	ਹੇ ਦਾਸ ਨਾਨਕ! (ਪਰਮਾਤਮਾ ਤੋਂ ਵਿੱਛੁੜਿਆ ਮਨੁੱਖ) ਮਾਇਆ ਦੀ ਫਾਹੀ ਵਿਚ ਮਾਇਆ ਦੇ ਬੰਧਨ ਵਿਚ ਹੀ ਬੱਝਾ ਰਹਿੰਦਾ ਹੈ।
6820	162	ਜਨ ਨਾਨਕ ਛੂਟੈ ਗੁਰ ਪਰਗਾਸ॥੪॥੧੪॥੩੪॥	ਗਿਆਨ ਰੂਪੀ (ਪਰਗਾਸ) ਪ੍ਰਕਾਸ਼	Jan Naanak Shhoottai Gur Paragaas ||4||14||34||	O servant Nanak, they shall be released only by Guru's Grace. ||4||14||34||	(ਇਹ ਤਦੋਂ ਹੀ ਇਸ ਫਾਹੀ ਤੋਂ) ਆਜ਼ਾਦ ਹੁੰਦਾ ਹੈ ਜਦੋਂ ਗੁਰੂ (ਦੇ ਸ਼ਬਦ) ਦਾ ਚਾਨਣ (ਉਸ ਨੂੰ ਪ੍ਰਾਪਤ ਹੁੰਦਾ) ਹੈ ॥੪॥੧੪॥੩੪॥
6821	162	ਮਹਲਾ ੩ ਗਉੜੀ ਬੈਰਾਗਣਿ॥		Mehalaa 3 Gourree Bairaagan ||	Third Mehl, Gauree Bairaagan:	
6822	162	ਜੈਸੀ ਧਰਤੀ ਊਪਰੁ ਮੇਘੁਲਾ ਬਰਸਤੁ ਹੈ ਕਿਆ ਧਰਤੀ ਮਧੇ ਪਾਣੀ ਨਾਹੀ॥	ਮਧੇ:ਪੋਲਾ ਬੋਲੋ। (ਮਧੇ) ਵਿੱਚ	Jaisee Dhharathee Ooparimaeghulaa Barasath Hai Kiaa Dhharathee Madhhae Paanee Naahee ||	The clouds pour their rain down upon the earth, but isn't there water within the earth as well?	(ਧਰਤੀ ਤੇ ਬੱਦਲ ਦਾ ਦ੍ਰਿਸ਼ਟਾਂਤ ਲੈ ਕੇ ਵੇਖ) ਜਿਹੋ ਜਿਹੀ ਧਰਤੀ ਹੈ ਤਿਹੋ ਜਿਹਾ ਇਸ ਦੇ ਉਪਰਲਾ ਬੱਦਲ ਹੈ ਜੋ ਵਰਖਾ ਕਰਦਾ ਹੈ, ਧਰਤੀ ਵਿਚ ਭੀ (ਉਹੋ ਜਿਹਾ) ਪਾਣੀ ਹੈ (ਜਿਹੋ ਜਿਹਾ ਬੱਦਲ ਵਿਚ ਹੈ)।

6823	162	ਜੈਸੇ ਧਰਤੀ ਮਧੇ ਪਾਣੀ ਪਰਗਾਸਿਆ ਬਿਨੁ ਪਗਾ ਵਰਸਤ ਫਿਰਾਹੀ॥੧॥	(ਪਰਗਾਸਿਆ) ਪ੍ਰਗਟਿਆ। (ਪਗਾਂ) ਪੈਰਾਂ ਬੱਦਲ	Jaisae Dhharathee Madhhae Paanee Paragaasiaa Bin Pagaa Varasath Firaahee ||1||	Water is contained within the earth; without feet, the clouds run around and let down their rain. ||1||	(ਖੂਹ ਪੁੱਟਿਆਂ) ਜਿਵੇਂ ਧਰਤੀ ਵਿਚੋਂ ਪਾਣੀ ਨਿਕਲ ਆਉਂਦਾ ਹੈ, ਜਿਵੇਂ ਬੱਦਲ ਭੀ (ਪਾਣੀ ਦੀ) ਵਰਖਾ ਕਰਦੇ ਫਿਰਦੇ ਹਨ। (ਜੀਵਾਤਮਾ ਤੇ ਪਰਮਾਤਮਾ ਦਾ ਫ਼ਰਕ ਇਉਂ ਹੀ ਸਮਝੋ ਜਿਵੇਂ ਧਰਤੀ ਦਾ ਪਾਣੀ ਤੇ ਬੱਦਲਾਂ ਦਾ ਪਾਣੀ ਹੈ। ਪਾਣੀ ਇਕੋ ਹੀ, ਪਾਣੀ ਉਹੀ ਹੈ। ਜੀਵ ਚਾਹੇ ਮਾਇਆ ਵਿਚ ਫਸਿਆ ਹੋਇਆ ਹੈ ਚਾਹੇ ਉੱਚੀਆਂ ਉਡਾਰੀਆਂ ਲਾ ਰਿਹਾ ਹੈ-ਹੈ ਇਕੋ ਹੀ ਪਰਮਾਤਮਾ ਦੀ ਅੰਸ) ॥੧॥
6824	162	ਬਾਬਾ ਤੂੰ ਐਸੇ ਭਰਮੁ ਚੁਕਾਹੀ॥		Baabaa Thoon Aisae Bharam Chukaahee ||	O Baba, get rid of your doubts like this.	ਹੇ ਭਾਈ! (ਆਮ ਭੁਲੇਖਾ ਇਹ ਹੈ ਕਿ ਜੀਵ ਪ੍ਰਭੂ ਤੋਂ ਵੱਖਰੀ ਆਪਣੀ ਹਸਤੀ ਮੰਨ ਕੇ ਆਪਣੇ ਆਪ ਨੂੰ ਕਰਮਾਂ ਦੇ ਕਰਨ ਵਾਲੇ ਸਮਝਦੇ ਹਨ ਪਰ) ਤੂੰ ਆਪਣਾ (ਇਹ) ਭੁਲੇਖਾ ਇਹ ਸਰਧਾ ਬਣਾ ਕੇ ਦੂਰ ਕਰ,
6825	162	ਜੋ ਕਿਛੁ ਕਰਤੁ ਹੈ ਸੋਈ ਕੋਈ ਹੈ ਰੇ ਤੈਸੇ ਜਾਇ ਸਮਾਹੀ॥੧॥ਰਹਾਉ॥		Jo Kishh Karath Hai Soee Koee Hai Rae Thaisae Jaae Samaahee ||1|| Rehaao ||	As you act, so shall you become, and so you shall go and mingle. ||1||Pause||	ਕਿ ਪ੍ਰਭੂ ਜਿਹੋ ਜਿਹਾ ਕਿਸੇ ਜੀਵ ਨੂੰ ਬਣਾਂਦਾ ਹੈ ਤਿਹੋ ਜਿਹਾ ਉਹ ਜੀਵ ਬਣ ਜਾਂਦਾ ਹੈ, ਤੇ, ਉਸੇ ਹੀ ਪਾਸੇ ਜੀਵ ਰੁਝੇ ਰਹਿੰਦੇ ਹਨ ॥੧॥ ਰਹਾਉ ॥

6826	162	ਇਸਤਰੀ ਪੁਰਖ ਹੋਇ ਕੈ ਕਿਆ ਓਇ ਕਰਮ ਕਮਾਹੀ॥		Eisatharee Purakh Hoe Kai Kiaa Oue Karam Kamaahee ||	As woman or man, what can anyone do?	ਕੀਹ ਇਸਤ੍ਰੀ ਤੇ ਕੀਹ ਮਰਦ-ਤੈਥੋਂ ਆਕੀ ਹੋ ਕੇ ਕੋਈ ਕੁਝ ਨਹੀਂ ਕਰ ਸਕਦੇ।
6827	162	ਨਾਨਾ ਰੂਪ ਸਦਾ ਹਹਿ ਤੇਰੇ ਤੁਝ ਹੀ ਮਾਹਿ ਸਮਾਹੀ॥੨॥	ਨ੍ਹਾਨ੍ਹਾ। ਹ-ਹਿ	Naanaa Roop Sadhaa Hehi Thaerae Thujh Hee Maahi Samaahee ||2||	The many and various forms are always Yours, O Lord; they shall merge again into You. ||2||	ਇਹ ਸਭ (ਇਸਤ੍ਰੀਆਂ ਤੇ ਮਰਦ) ਸਦਾ ਤੇਰੇ ਹੀ ਵਖ ਵਖ ਰੂਪ ਹਨ, ਤੇ ਆਖ਼ਰ ਤੇਰੇ ਵਿਚ ਹੀ ਸਮਾ ਜਾਂਦੇ ਹਨ ॥੨॥
6828	162	ਇਤਨੇ ਜਨਮ ਭੂਲਿ ਪਰੇ ਸੇ ਜਾ ਪਾਇਆ ਤਾ ਭੂਲੇ ਨਾਹੀ॥		Eithanae Janam Bhool Parae Sae Jaa Paaeiaa Thaa Bhoolae Naahee ||	In countless incarnations, I went astray. Now that I have found You, I shall no longer wander.	(ਪਰਮਾਤਮਾ ਦੀ ਯਾਦ ਤੋਂ) ਭੁੱਲ ਕੇ ਜੀਵ ਅਨੇਕਾਂ ਜਨਮਾਂ ਵਿਚ ਪਏ ਰਹਿੰਦੇ ਹਨ, ਜਦੋਂ ਪਰਮਾਤਮਾ ਦਾ ਗਿਆਨ ਪ੍ਰਾਪਤ ਹੋ ਜਾਂਦਾ ਹੈ ਤਦੋਂ ਕੁਰਾਹੇ ਜਾਣੋਂ ਹਟ ਜਾਂਦੇ ਹਨ।
6829	162	ਜਾ ਕਾ ਕਾਰਜੁ ਸੋਈ ਪਰੁ ਜਾਣੈ ਜੇ ਗੁਰ ਕੈ ਸਬਦਿ ਸਮਾਹੀ॥੩॥	(ਪਰੁ) ਵਿਸ਼ੇਸ਼ ਕਰਕੇ ਨਿਰਸੰਦੇਹ	Jaa Kaa Kaaraj Soee Par Jaanai Jae Gur Kai Sabadh Samaahee ||3||	It is His work; those who are absorbed in the Word of the Guru's Shabad come to know it well. ||3||	ਜੇ ਜੀਵ ਗੁਰੂ ਦੇ ਸ਼ਬਦ ਵਿਚ ਟਿਕੇ ਰਹਿਣ, ਤਾਂ ਇਹ ਸਮਝ ਪੈਂਦੀ ਹੈ ਕਿ ਜਿਸ ਪਰਮਾਤਮਾ ਦਾ ਇਹ ਜਗਤ ਬਣਾਇਆ ਹੋਇਆ ਹੈ ਉਹੀ ਇਸ ਨੂੰ ਚੰਗੀ ਤਰ੍ਹਾਂ ਸਮਝਦਾ ਹੈ ॥੩॥

6830	162	ਤੇਰਾ ਸਬਦੁ ਤੂੰਹੈ ਹਹਿ ਆਪੇ ਭਰਮੁ ਕਹਾ ਹੀ॥	(ਸਬਦੁ) ਸੰਸਾਰ। ਕਹਾਂ	Thaeraa Sabadh Thoonhai Hehi Aapae Bharam Kehaahee ||	The Shabad is Yours; You are Yourself. Where is there any doubt?	(ਹੇ ਪ੍ਰਭੂ! ਸਭ ਥਾਂ) ਤੇਰਾ (ਹੀ) ਹੁਕਮ (ਵਰਤ ਰਿਹਾ) ਹੈ, (ਹਰ ਥਾਂ) ਤੂੰ ਆਪ ਹੀ (ਮੌਜੂਦ) ਹੈਂ- (ਜਿਸ ਮਨੁੱਖ ਦੇ ਅੰਦਰ ਇਹ ਨਿਸ਼ਚਾ ਬਣ ਜਾਏ ਉਸ ਨੂੰ) ਭੁਲੇਖਾ ਕਿੱਥੇ ਰਹਿ ਜਾਂਦਾ ਹੈ?
6831	162	ਨਾਨਕ ਤਤੁ ਤਤ ਸਿਉ ਮਿਲਿਆ ਪੁਨਰਪਿ ਜਨਮਿ ਨ ਆਹੀ॥੪॥੧॥੧੫॥ ੩੫॥	(ਤੱਤੁ) ਜੀਵਾਤਮਾ (ਤਤ) ਬ੍ਰਹਮ ਸਰੂਪ ਜੀ ਚ। (ਪੁਨ-ਰਪਿ) ਦੁਆਰਾ	Naanak Thath Thath Sio Miliaa Punarap Janam N Aahee ||4||1||15||35||	O Nanak, one whose essence is merged with the Lord's essence does not have to enter the cycle of reincarnation again. ||4||1||15||35||	ਹੇ ਨਾਨਕ! (ਜਿਨ੍ਹਾਂ ਮਨੁੱਖਾਂ ਦੇ ਅੰਦਰੋਂ ਅਨੇਕਤਾ ਦਾ ਭੁਲੇਖਾ ਦੂਰ ਹੋ ਜਾਂਦਾ ਹੈ ਉਹਨਾਂ ਦੀ ਸੁਰਤ ਪਰਮਾਤਮਾ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ ਜਿਵੇਂ ਹਵਾ ਪਾਣੀ ਆਦਿਕ ਹਰੇਕ) ਤੱਤ (ਆਪਣੇ) ਤੱਤ ਨਾਲ ਮਿਲ ਜਾਂਦਾ ਹੈ। ਅਜੇਹੇ ਮਨੁੱਖ ਮੁੜ ਮੁੜ ਜਨਮ ਵਿਚ ਨਹੀਂ ਆਉਂਦੇ ॥੪॥੧॥੧੫॥੩੫॥
6832	162	ਗਉੜੀ ਬੈਰਾਗਣਿ ਮਹਲਾ ੩॥		Gourree Bairaagan Mehalaa 3 ||	Gauree Bairaagan, Third Mehl:	
6833	162	ਸਭੁ ਜਗੁ ਕਾਲੈ ਵਸਿ ਹੈ ਬਾਧਾ ਦੂਜੈ ਭਾਇ॥	ਕੱਾਲੈਵੱਸਿ। ਬੱਾਧਾ।	Sabh Jag Kaalai Vas Hai Baadhhaa Dhoojai Bhaae ||	The whole world is under the power of Death, bound by the love of duality.	(ਜਦ ਤਕ) ਇਹ ਜਗਤ ਮਾਇਆ ਦੇ ਮੋਹ ਵਿਚ ਬੱਝਾ ਰਹਿੰਦਾ ਹੈ (ਤਦ ਤਕ ਇਹ) ਸਾਰਾ ਜਗਤ ਆਤਮਕ ਮੌਤ ਦੇ ਕਾਬੂ ਵਿਚ ਆਇਆ ਰਹਿੰਦਾ ਹੈ।

6834	162	ਹਉਮੈ ਕਰਮ ਕਮਾਵਦੇ ਮਨਮੁਖਿ ਮਿਲੈ ਸਜਾਇ॥੧॥		Houmai Karam Kamaavadhae Manamukh Milai Sajaae ||1||	The self-willed manmukhs do their deeds in ego; they receive their just rewards. ||1||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਸਾਰੇ) ਕੰਮ ਹਉਮੈ ਦੇ ਆਸਰੇ ਕਰਦੇ ਹਨ ਤੇ ਉਹਨਾਂ ਨੂੰ (ਆਤਮਕ ਮੌਤ ਦੀ ਹੀ) ਸਜ਼ਾ ਮਿਲਦੀ ਹੈ ॥੧॥
6835	162	ਮੇਰੇ ਮਨ ਗੁਰ ਚਰਣੀ ਚਿਤੁ ਲਾਇ॥		Maerae Man Gur Charanee Chith Laae ||	O my mind, focus your consciousness on the Guru's Feet.	ਹੇ ਮੇਰੇ ਮਨ! ਗੁਰੂ ਦੇ ਚਰਨਾਂ ਵਿਚ ਸੁਰਤ ਜੋੜ।
6836	162	ਗੁਰਮੁਖਿ ਨਾਮੁ ਨਿਧਾਨੁ ਲੈ ਦਰਗਹ ਲਏ ਛਡਾਇ॥੧॥ਰਹਾਉ॥	(ਨਿਧਾਨੁ) ਖਜ਼ਾਨਾ	Guramukh Naam Nidhhaan Lai Dharageh Leae Shhaddaae ||1|| Rehaao ||	As Gurmukh, you shall be awarded the treasure of the Naam. In the Court of the Lord, you shall be saved. ||1||Pause||	ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ-ਖ਼ਜ਼ਾਨਾ ਇਕੱਠਾ ਕਰ ਲੈ, (ਇਹ ਤੈਨੂੰ) ਪਰਮਾਤਮਾ ਦੀ ਹਜ਼ੂਰੀ ਵਿਚ (ਤੇਰੇ ਕੀਤੇ ਕਰਮਾਂ ਦਾ ਲੇਖਾ ਕਰਨ ਵੇਲੇ) ਸੁਰਖ਼ਰੂ ਕਰੇਗਾ ॥੧॥ ਰਹਾਉ ॥
6837	162	ਲਖ ਚਉਰਾਸੀਹ ਭਰਮਦੇ ਮਨ ਹਠਿ ਆਵੈ ਜਾਇ॥	(ਹਠਿ) ਜ਼ਿਦ ਕਰਕੇ	Lakh Chouraaseeh Bharamadhae Manehath Aavai Jaae ||	Through 8.4 million incarnations, people wander lost; in stubborn-mindedness, they come and go.	(ਮਾਇਆ ਦੇ ਮੋਹ ਵਿਚ ਬੱਝੇ ਹੋਏ ਜੀਵ) ਚੌਰਾਸੀ ਲੱਖ ਜੂਨਾਂ ਵਿਚ ਫਿਰਦੇ ਰਹਿੰਦੇ ਹਨ। ਆਪਣੇ ਮਨ ਦੇ ਹਠ ਦੇ ਕਾਰਨ (ਮਾਇਆ ਦੇ ਮੋਹ ਵਿਚ ਫਸਿਆ ਜੀਵ) ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ।

6838	162	ਗੁਰ ਕਾ ਸਬਦੁ ਨ ਚੀਨਿਓ ਫਿਰਿ ਫਿਰਿ ਜੋਨੀ ਪਾਇ॥੨॥	(ਚੀਨਿਓ) ਪਛਾਣਿਆ	Gur Kaa Sabadh N Cheeniou Fir Fir Jonee Paae ||2||	They do not realize the Word of the Guru's Shabad; they are reincarnated over and over again. ||2||	ਜੇਹੜਾ ਮਨੁੱਖ ਗੁਰੂ ਦੇ ਸ਼ਬਦ (ਦੀ ਕਦਰ) ਨੂੰ ਨਹੀਂ ਸਮਝਦਾ ਉਹ ਮੁੜ ਮੁੜ ਜੂਨਾਂ ਵਿਚ ਪੈਂਦਾ ਹੈ ॥੨॥
6839	162	ਗੁਰਮੁਖਿ ਆਪੁ ਪਛਾਣਿਆ ਹਰਿ ਨਾਮੁ ਵਸਿਆ ਮਨਿ ਆਇ॥		Guramukh Aap Pashhaaniaa Har Naam Vasiaa Man Aae ||	The Gurmukh understands his own self. The Lord's Name comes to dwell within the mind.	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਆਤਮਕ ਜੀਵਨ ਪੜਤਾਲਦਾ ਰਹਿੰਦਾ ਹੈ, ਉਸ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ।
6840	162	ਅਨ ਦਿਨੁ ਭਗਤੀ ਰਤਿਆ ਹਰਿ ਨਾਮੇ ਸੁਖਿ ਸਮਾਇ॥੩॥		Anadhin Bhagathee Rathiaa Har Naamae Sukh Samaae ||3||	Imbued with devotion to the Lord's Name, night and day, he merges in peace. ||3||	ਹਰ ਰੋਜ਼ ਪਰਮਾਤਮਾ ਦੀ ਭਗਤੀ (ਦੇ ਰੰਗ ਵਿਚ) ਰੰਗਿਆ ਰਹਿਣ ਕਰਕੇ ਉਹ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ ਉਹ ਆਤਮਕ ਆਨੰਦ ਵਿਚ ਟਿਕਿਆ ਰਹਿੰਦਾ ਹੈ ॥੩॥
6841	162	ਮਨੁ ਸਬਦਿ ਮਰੈ ਪਰਤੀਤਿ ਹੋਇ ਹਉਮੈ ਤਜੇ ਵਿਕਾਰ॥	(ਪਰਤੀਤਿ) ਭਰੋਸਾ। (ਤਜੇ) ਤਿਆਗੇ	Man Sabadh Marai Paratheeth Hoe Houmai Thajae Vikaar ||	When one's mind dies in the Shabad, one radiates faith and confidence, shedding egotism and corruption.	ਜਿਸ ਮਨੁੱਖ ਦਾ ਮਨ ਗੁਰੂ ਦੇ ਸ਼ਬਦ ਵਿਚ ਜੁੜਨ ਕਰਕੇ ਆਪਾ-ਭਾਵ ਵਲੋਂ ਮਰਦਾ ਹੈ, ਉਸ ਦੀ (ਗੁਰੂ ਦੇ ਸ਼ਬਦ ਵਿਚ) ਸਰਧਾ ਬਣ ਜਾਂਦੀ ਹੈ ਤੇ ਉਹ ਆਪਣੇ ਅੰਦਰੋਂ ਹਉਮੈ (ਆਦਿਕ) ਵਿਕਾਰ ਤਿਆਗਦਾ ਹੈ।

6842	162	ਜਨ ਨਾਨਕ ਕਰਮੀ ਪਾਈਅਨਿ ਹਰਿ ਨਾਮਾ ਭਗਤਿ ਭੰਡਾਰ॥੪॥੨॥੧੬॥ ੩੬॥		Jan Naanak Karamee Paaeean Har Naamaa Bhagath Bhanddaar ||4||2||16||36||	O servant Nanak, through the karma of good actions, the treasure of devotional worship and the Name of the Lord are attained. ||4||2||16||36||	ਹੇ ਦਾਸ ਨਾਨਕ! ਪਰਮਾਤਮਾ ਦੇ ਨਾਮ ਦੇ ਖ਼ਜ਼ਾਨੇ ਪਰਮਾਤਮਾ ਦੀ ਭਗਤੀ ਦੇ ਖ਼ਜ਼ਾਨੇ ਪਰਮਾਤਮਾ ਦੀ ਮਿਹਰ ਨਾਲ ਹੀ ਮਿਲਦੇ ਹਨ ॥੪॥੨॥੧੬॥੩੬॥
6843	162	ਗਉੜੀ ਬੈਰਾਗਣਿ ਮਹਲਾ ੩॥		Gourree Bairaagan Mehalaa 3 ||	Gauree Bairaagan, Third Mehl:	
6844	162	ਪੇਈਅੜੈ ਦਿਨ ਚਾਰਿ ਹੈ ਹਰਿ ਹਰਿ ਲਿਖਿ ਪਾਇਆ॥	ਹਰਿ ਹਰਿ ਜਪਣ ਰੂਪੀ ਲੇਖ ਲਿਖਿ ਕੇ ਹਰਿ ਜੀ ਨੂੰ ਪਾਇਆ	Paeeearrai Dhin Chaar Hai Har Har Likh Paaeiaa ||	The Lord, Har, Har, has ordained that the soul is to stay in her parents' home for only a few short days.	ਪਰਮਾਤਮਾ ਨੇ (ਹਰੇਕ ਜੀਵ ਦੇ ਮੱਥੇ ਉਤੇ ਇਹੀ ਲੇਖ) ਲਿਖ ਕੇ ਰੱਖ ਦਿੱਤਾ ਹੈ ਕਿ ਹਰੇਕ ਨੂੰ ਇਸ ਲੋਕ ਵਿੱਚ ਰਹਿਣ ਵਾਸਤੇ ਥੋੜੇ ਹੀ ਦਿਨ ਮਿਲੇ ਹੋਏ ਹਨ (ਫਿਰ ਭੀ ਸਭ ਜੀਵ ਮਾਇਆ ਦੇ ਮੋਹ ਵਿਚ ਫਸੇ ਰਹਿੰਦੇ ਹਨ)।
6845	162	ਸੋਭਾਵੰਤੀ ਨਾਰਿ ਹੈ ਗੁਰਮੁਖਿ ਗੁਣ ਗਾਇਆ॥		Sobhaavanthee Naar Hai Guramukh Gun Gaaeiaa ||	Glorious is that soul-bride, who as Gurmukh, sings the Glorious Praises of the Lord.	ਉਹ ਜੀਵ-ਇਸਤ੍ਰੀ (ਲੋਕ ਪਰਲੋਕ ਵਿਚ) ਸੋਭਾ ਖੱਟਦੀ ਹੈ, ਜੇਹੜੀ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਗੁਣ ਗਾਂਦੀ ਹੈ।

6846	162	ਪੇਵਕੜੈ ਗੁਣ ਸੰਮਲੈ ਸਾਹੁਰੈ ਵਾਸੁ ਪਾਇਆ॥	(ਸੰਮਲੈ) ਸੰਭਾਲਦੀ	Paevakarrai Gun Sanmalai Saahurai Vaas Paaeiaa ||	She who cultivates virtue in her parents' home, shall obtain a home at her in-laws.	ਜੇਹੜੀ ਜੀਵ-ਇਸਤ੍ਰੀ ਇਸ ਪੇਕੇ ਘਰ ਵਿਚ ਰਹਿਣ ਸਮੇ ਪਰਮਾਤਮਾ ਦੇ ਗੁਣ ਆਪਣੇ ਹਿਰਦੇ ਵਿਚ ਸੰਭਾਲਦੀ ਹੈ ਉਸ ਨੂੰ ਪਰਲੋਕ ਵਿਚ (ਪ੍ਰਭੂ ਦੀ ਹਜ਼ੂਰੀ ਵਿਚ) ਆਦਰ ਵਾਲਾ ਥਾਂ ਮਿਲ ਜਾਂਦਾ ਹੈ।
6847	162	ਗੁਰਮੁਖਿ ਸਹਜਿ ਸਮਾਣੀਆ ਹਰਿ ਹਰਿ ਮਨਿ ਭਾਇਆ॥੧॥		Guramukh Sehaj Samaaneeaa Har Har Man Bhaaeiaa ||1||	The Gurmukhs are intuitively absorbed into the Lord. The Lord is pleasing to their minds. ||1||	ਗੁਰੂ ਦੇ ਸਨਮੁਖ ਰਹਿ ਕੇ ਉਹ ਜੀਵ-ਇਸਤ੍ਰੀ (ਸਦਾ) ਆਤਮਕ ਅਡੋਲਤਾ ਵਿਚ ਲੀਨ ਰਹਿੰਦੀ ਹੈ, ਪਰਮਾਤਮਾ (ਦਾ ਨਾਮ) ਉਸ ਨੂੰ ਆਪਣੇ ਮਨ ਵਿਚ ਪਿਆਰਾ ਲੱਗਦਾ ਹੈ ॥੧॥
6848	162	ਸਸੁਰੈ ਪੇਈਐ ਪਿਰੁ ਵਸੈ ਕਹੁ ਕਿਤੁ ਬਿਧਿ ਪਾਈਐ॥	ਵਸੈ: ਪੋਲਾ ਬੋਲੋ। ਬਿਧਿ: ਪੋਲਾ ਬੋਲੋ	Sasurai Paeeeai Pir Vasai Kahu Kith Bidhh Paaeeai ||	Our Husband Lord dwells in this world, and in the world beyond. Tell me, how can He be found?	(ਹੇ ਸਤਸੰਗੀ! ਹੇ ਭੈਣ!) ਦੱਸ, ਉਹ ਪਤੀ-ਪ੍ਰਭੂ ਕਿਸ ਤਰੀਕੇ ਨਾਲ ਮਿਲ ਸਕਦਾ ਹੈ ਜੇਹੜਾ ਇਸ ਲੋਕ ਵਿਚ ਪਰਲੋਕ ਵਿਚ (ਸਭ ਥਾਂ) ਵੱਸਦਾ ਹੈ?
6849	162	ਆਪਿ ਨਿਰੰਜਨੁ ਅਲਖੁ ਹੈ ਆਪੇ ਮੇਲਾਈਐ॥੧॥ਰਹਾਉ॥	ਅ-ਲਖੁ: ਪੋਲਾ ਬੋਲੋ	Aap Niranjan Alakh Hai Aapae Maelaaeeai ||1|| Rehaao ||	The Immaculate Lord Himself is unseen. He unites us with Himself. ||1||Pause||	(ਹੇ ਜਿਗਿਆਸੂ ਜੀਵ-ਇਸਤ੍ਰੀ!) ਉਹ ਪ੍ਰਭੂ-ਪਤੀ (ਹਰ ਥਾਂ ਮੌਜੂਦ ਹੁੰਦਿਆਂ ਭੀ) ਮਾਇਆ ਦੇ ਪ੍ਰਭਾਵ ਤੋਂ ਪਰੇ ਹੈ, ਅਤੇ ਅਦ੍ਰਿਸ਼ਟ ਭੀ ਹੈ। ਉਹ ਆਪ ਹੀ ਆਪਣਾ ਮੇਲ ਕਰਾਂਦਾ ਹੈ ॥੧॥ ਰਹਾਉ ॥

6850	163	ਆਪੇ ਹੀ ਪ੍ਰਭੁ ਦੇਹਿ ਮਤਿ ਹਰਿ ਨਾਮੁ ਧਿਆਈਐ॥		Aapae Hee Prabh Dhaehi Math Har Naam Dhhiaaeeai ||	God Himself bestows wisdom; meditate on the Name of the Lord.	(ਹੇ ਪਰਮਾਤਮਾ!) ਤੂੰ ਆਪ ਹੀ (ਸਭ ਜੀਵਾਂ ਦਾ) ਮਾਲਕ ਹੈਂ, ਜਿਸ ਜੀਵ ਨੂੰ ਤੂੰ ਆਪ ਹੀ ਮਤਿ ਦੇਂਦਾ ਹੈਂ, ਉਸੇ ਪਾਸੋਂ ਹਰਿ-ਨਾਮ ਸਿਮਰਿਆ ਜਾ ਸਕਦਾ ਹੈ।
6851	163	ਵਡਭਾਗੀ ਸਤਿਗੁਰੁ ਮਿਲੈ ਮੁਖਿ ਅੰਮ੍ਰਿਤੁ ਪਾਈਐ॥		Vaddabhaagee Sathigur Milai Mukh Anmrith Paaeeai ||	By great good fortune, one meets the True Guru, who places the Ambrosial Nectar in the mouth.	ਜਿਸ ਮਨੁੱਖ ਨੂੰ ਵੱਡੇ ਭਾਗਾਂ ਨਾਲ ਗੁਰੂ ਮਿਲ ਪੈਂਦਾ ਹੈ, ਉਸ ਦੇ ਮੂੰਹ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੈਂਦਾ ਹੈ।
6852	163	ਹਉਮੈ ਦੁਬਿਧਾ ਬਿਨਸਿ ਜਾਇ ਸਹਜੇ ਸੁਖਿ ਸਮਾਈਐ॥	(ਬਿਨਸਿ) ਨਾਸ	Houmai Dhubidhhaa Binas Jaae Sehajae Sukh Samaaeeai ||	When egotism and duality are eradicated, one intuitively merges in peace.	ਉਸ ਮਨੁੱਖ ਦੇ ਅੰਦਰੋਂ ਹਉਮੈ ਦੂਰ ਹੋ ਜਾਂਦੀ ਹੈ, ਉਸ ਦੀ ਮਾਨਸਕ ਡਾਵਾਂਡੋਲ ਦਸ਼ਾ ਮੁੱਕ ਜਾਂਦੀ ਹੈ, ਉਹ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਉਹ ਆਤਮਕ ਆਨੰਦ ਵਿਚ ਮਗਨ ਰਹਿੰਦਾ ਹੈ।
6853	163	ਸਭੁ ਆਪੇ ਆਪਿ ਵਰਤਦਾ ਆਪੇ ਨਾਇ ਲਾਈਐ॥੨॥		Sabh Aapae Aap Varathadhaa Aapae Naae Laaeeai ||2||	He Himself is All-pervading; He Himself links us to His Name. ||2||	(ਹੇ ਭਾਈ!) ਹਰ ਥਾਂ ਪ੍ਰਭੂ ਆਪ ਹੀ ਆਪ ਮੌਜੂਦ ਹੈ, ਉਹ ਆਪ ਹੀ (ਜੀਵਾਂ ਨੂੰ) ਆਪਣੇ ਨਾਮ ਵਿਚ ਜੋੜਦਾ ਹੈ ॥੨॥

6854	163	ਮਨਮੁਖਿ ਗਰਬਿ ਨ ਪਾਇਓ ਅਗਿਆਨ ਇਆਣੇ॥	(ਇਆਣੇ) ਬੇਸਮਝ	Manamukh Garab N Paaeiou Agiaan Eiaanae ||	The self-willed manmukhs, in their arrogant pride, do not find God; they are so ignorant and foolish!	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਗਿਆਨ ਤੋਂ ਸੱਖਣੇ ਹੁੰਦੇ ਹਨ (ਜੀਵਨ-ਜੁਗਤਿ ਤੋਂ) ਅੰਞਾਣ ਹੁੰਦੇ ਹਨ ਉਹ ਅਹੰਕਾਰ ਵਿਚ ਰਹਿੰਦੇ ਹਨ ਉਹਨਾਂ ਨੂੰ ਪਰਮਾਤਮਾ ਦਾ ਮੇਲ ਨਹੀਂ ਹੁੰਦਾ।
6855	163	ਸਤਿਗੁਰ ਸੇਵਾ ਨਾ ਕਰਹਿ ਫਿਰਿ ਫਿਰਿ ਪਛੁਤਾਣੇ॥		Sathigur Saevaa Naa Karehi Fir Fir Pashhuthaanae ||	They do not serve the True Guru, and in the end, they regret and repent, over and over again.	ਉਹ (ਆਪਣੇ ਮਾਣ ਵਿਚ ਰਹਿ ਕੇ) ਸਤਿਗੁਰੂ ਦੀ ਸਰਨ ਨਹੀਂ ਪੈਂਦੇ (ਕੁਰਾਹੇ ਪੈ ਕੇ) ਮੁੜ ਮੁੜ ਪਛੁਤਾਂਦੇ ਭੀ ਰਹਿੰਦੇ ਹਨ।
6856	163	ਗਰਭ ਜੋਨੀ ਵਾਸੁ ਪਾਇਦੇ ਗਰਭੇ ਗਲਿ ਜਾਣੇ॥		Garabh Jonee Vaas Paaeidhae Garabhae Gal Jaanae ||	They are cast into the womb to be reincarnated, and within the womb, they rot.	ਉਹ ਮਨੁੱਖ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ, ਇਸ ਗੇੜ ਵਿਚ ਉਹਨਾਂ ਦਾ ਆਤਮਕ ਜੀਵਨ ਗਲ ਜਾਂਦਾ ਹੈ।
6857	163	ਮੇਰੇ ਕਰਤੇ ਏਵੈ ਭਾਵਦਾ ਮਨਮੁਖ ਭਰਮਾਣੇ॥੩॥		Maerae Karathae Eaevai Bhaavadhaa Manamukh Bharamaanae ||3||	As it pleases my Creator Lord, the self-willed manmukhs wander around lost. ||3||	ਮੇਰੇ ਕਰਤਾਰ ਨੂੰ ਇਹੀ ਚੰਗਾ ਲੱਗਦਾ ਹੈ ਕਿ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਜਨਮ ਮਰਨ ਵਿਚ ਹੀ ਭਟਕਦੇ ਰਹਿਣ ॥੩॥
6858	163	ਮੇਰੈ ਹਰਿ ਪ੍ਰਭਿ ਲੇਖੁ ਲਿਖਾਇਆ ਧੁਰਿ ਮਸਤਕਿ ਪੂਰਾ॥		Maerai Har Prabh Laekh Likhaaeiaa Dhhur Masathak Pooraa ||	My Lord God inscribed the full pre-ordained destiny upon the forehead.	(ਜਿਸ ਵਡਭਾਗੀ ਮਨੁੱਖ ਦੇ) ਮੱਥੇ ਉਤੇ ਮੇਰੇ ਹਰਿ-ਪ੍ਰਭੂ ਨੇ ਆਪਣੀ ਧੁਰ ਦਰਗਾਹ ਤੋਂ (ਬਖ਼ਸ਼ਸ਼ ਦਾ) ਅਟੱਲ ਲੇਖ ਲਿਖ ਦਿੱਤਾ।

6859	163	ਹਰਿ ਹਰਿ ਨਾਮੁ ਧਿਆਇਆ ਭੇਟਿਆ ਗੁਰੁ ਸੂਰਾ॥	(ਭੇਟਿਆ) ਮਿਲੇ। (ਸੂਰਾ) ਸੂਰਮੇ	Har Har Naam Dhhiaaeiaa Bhaettiaa Gur Sooraa ||	When one meets the Great and Courageous Guru, one meditates on the Name of the Lord, Har, Har.	ਉਸ ਨੂੰ (ਸਭ ਵਿਕਾਰਾਂ ਤੋਂ ਹੱਥ ਦੇ ਕੇ ਬਚਾਣ ਵਾਲਾ) ਸੂਰਮਾ ਗੁਰੂ ਮਿਲ ਪੈਂਦਾ ਹੈ, (ਗੁਰੂ ਦੀ ਕਿਰਪਾ ਨਾਲ) ਉਹ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਹੈ।
6860	163	ਮੇਰਾ ਪਿਤਾ ਮਾਤਾ ਹਰਿ ਨਾਮੁ ਹੈ ਹਰਿ ਬੰਧਪੁ ਬੀਰਾ॥	(ਬੰਧਪੁ) ਸੰਬੰਧੀ। (ਬੀਰਾ) ਵੀਰ	Maeraa Pithaa Maathaa Har Naam Hai Har Bandhhap Beeraa ||	The Lord's Name is my mother and father; the Lord is my relative and brother.	(ਹੇ ਭਾਈ!) ਪਰਮਾਤਮਾ ਦਾ ਨਾਮ ਹੀ ਮੇਰਾ ਪਿਉ ਹੈ ਨਾਮ ਹੀ ਮੇਰੀ ਮਾਂ ਹੈ, ਪਰਮਾਤਮਾ (ਦਾ ਨਾਮ) ਹੀ ਮੇਰਾ ਸਨਬੰਧੀ ਹੈ ਮੇਰਾ ਵੀਰ ਹੈ।
6861	163	ਹਰਿ ਹਰਿ ਬਖਸਿ ਮਿਲਾਇ ਪ੍ਰਭ ਜਨੁ ਨਾਨਕੁ ਕੀਰਾ॥੪॥੩॥੧੭॥ ੩੭॥	(ਕੀਰਾ) ਕੀੜਾ	Har Har Bakhas Milaae Prabh Jan Naanak Keeraa ||4||3||17||37||	O Lord, Har, Har, please forgive me and unite me with Yourself. Servant Nanak is a lowly worm. ||4||3||17||37||	(ਮੈਂ ਸਦਾ ਪਰਮਾਤਮਾ ਦੇ ਦਰ ਤੇ ਹੀ ਅਰਜ਼ੋਈ ਕਰਦਾ ਹਾਂ ਕਿ) ਹੇ ਪ੍ਰਭੂ! ਹੇ ਹਰੀ! ਇਹ ਨਾਨਕ ਤੇਰਾ ਨਿਮਾਣਾ ਦਾਸ ਹੈ, ਇਸ ਉਤੇ ਬਖ਼ਸ਼ਸ਼ ਕਰ ਤੇ ਇਸ ਨੂੰ (ਆਪਣੇ ਚਰਨਾਂ ਵਿਚ) ਜੋੜੀ ਰੱਖ ॥੪॥॥੩॥੧੭॥੩੭॥
6862	163	ਗਉੜੀ ਬੈਰਾਗਣਿ ਮਹਲਾ ੩॥		Gourree Bairaagan Mehalaa 3 ||	Gauree Bairaagan, Third Mehl:	
6863	163	ਸਤਿਗੁਰ ਤੇ ਗਿਆਨੁ ਪਾਇਆ ਹਰਿ ਤਤੁ ਬੀਚਾਰਾ॥	(ਤਤੁ) ਸ਼ੁੱਧ	Sathigur Thae Giaan Paaeiaa Har Thath Beechaaraa ||	From the True Guru, I obtained spiritual wisdom; I contemplate the Lord's essence.	ਜਿਨ੍ਹਾਂ ਮਨੁੱਖਾਂ ਨੇ ਗੁਰੂ ਪਾਸੋਂ (ਪਰਮਾਤਮਾ ਨਾਲ) ਡੂੰਘੀ ਸਾਂਝ (ਪਾਣੀ) ਸਿੱਖ ਲਈ, (ਜਗਤ ਦੇ) ਮੂਲ ਪਰਮਾਤਮਾ (ਦੇ ਗੁਣਾਂ) ਨੂੰ ਵਿਚਾਰਨਾ (ਸਿੱਖ ਲਿਆ),

6864	163	ਮਤਿ ਮਲੀਣ ਪਰਗਟੁ ਭਈ ਜਪਿ ਨਾਮੁ ਮੁਰਾਰਾ॥		Math Maleen Paragatt Bhee Jap Naam Muraaraa ||	My polluted intellect was enlightened by chanting the Naam, the Name of the Lord.	ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਉਹਨਾਂ ਦੀ ਮਤਿ (ਜੋ ਪਹਿਲਾਂ ਵਿਕਾਰਾਂ ਦੇ ਕਾਰਨ) ਮੈਲੀ (ਹੋਈ ਪਈ ਸੀ) ਨਿਖਰ ਪਈ।
6865	163	ਸਿਵਿ ਸਕਤਿ ਮਿਟਾਈਆ ਚੂਕਾ ਅੰਧਿਆਰਾ॥	(ਸਿਵਿ) ਵਾਹਿਗੁਰੂ ਜੀ। (ਸਕਤਿ) ਮਾਇਆ	Siv Sakath Mittaaeeaa Chookaa Andhhiaaraa ||	The distinction between Shiva and Shakti - mind and matter - has been destroyed, and the darkness has been dispelled.	ਕਲਿਆਣ-ਸਰੂਪ ਪਰਮਾਤਮਾ ਨੇ (ਉਹਨਾਂ ਦੇ ਅੰਦਰੋਂ) ਮਾਇਆ (ਦਾ ਪ੍ਰਭਾਵ) ਮਿਟਾ ਦਿੱਤਾ, (ਉਹਨਾਂ ਦੇ ਅੰਦਰੋਂ ਮਾਇਆ ਦੇ ਮੋਹ ਦਾ) ਹਨੇਰਾ ਦੂਰ ਹੋ ਗਿਆ।
6866	163	ਧੁਰਿ ਮਸਤਕਿ ਜਿਨ ਕਉ ਲਿਖਿਆ ਤਿਨ ਹਰਿ ਨਾਮੁ ਪਿਆਰਾ॥੧॥		Dhhur Masathak Jin Ko Likhiaa Thin Har Naam Piaaraa ||1||	The Lord's Name is loved by those, upon whose foreheads such pre-ordained destiny was written. ||1||	(ਪਰ) ਪਰਮਾਤਮਾ ਦਾ ਨਾਮ ਉਹਨਾਂ ਨੂੰ ਹੀ ਪਿਆਰਾ ਲੱਗਦਾ ਹੈ, ਜਿਨ੍ਹਾਂ ਦੇ ਮੱਥੇ ਉਤੇ ਧੁਰੋਂ (ਆਪ ਪਰਮਾਤਮਾ ਨੇ ਆਪਣੇ ਨਾਮ ਦੀ ਦਾਤ ਦਾ ਲੇਖ) ਲਿਖ ਦਿੱਤਾ ॥੧॥
6867	163	ਹਰਿ ਕਿਤੁ ਬਿਧਿ ਪਾਈਐ ਸੰਤ ਜਨਹੁ ਜਿਸੁ ਦੇਖਿ ਹਉ ਜੀਵਾ॥		Har Kith Bidhh Paaeeai Santh Janahu Jis Dhaekh Ho Jeevaa ||	How can the Lord be obtained, O Saints? Seeing Him, my life is sustained.	ਹੇ ਸੰਤ ਜਨੋ! ਜਿਸ ਪਰਮਾਤਮਾ ਦਾ ਦਰਸਨ ਕਰ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ (ਦੱਸੋ) ਉਸ ਨੂੰ ਕਿਸ ਤਰੀਕੇ ਨਾਲ ਮਿਲਿਆ ਜਾ ਸਕਦਾ ਹੈ।

6868	163	ਹਰਿ ਬਿਨੁ ਚਸਾ ਨ ਜੀਵਤੀ ਗੁਰ ਮੇਲਿਹੁ ਹਰਿ ਰਸੁ ਪੀਵਾ॥੧॥ਰਹਾਉ॥	(ਚਸਾ) ਬਹੁਤ ਥੋੜਾ ਸਮਾਂ। ਮੇਲਿਹੁ	Har Bin Chasaa N Jeevathee Gur Maelihu Har Ras Peevaa ||1|| Rehaao ||	Without the Lord, I cannot live, even for an instant. Unite me with the Guru, so that I may drink in the sublime essence of the Lord. ||1||Pause||	ਉਸ ਪ੍ਰਭੂ ਤੋਂ ਵਿੱਛੁੜ ਕੇ ਮੈਂ ਰਤਾ ਭਰ ਸਮੇ ਲਈ ਭੀ (ਆਤਮਕ ਜੀਵਨ) ਜੀਉਂ ਨਹੀਂ ਸਕਦੀ। (ਹੇ ਸੰਤ ਜਨੋ!) ਮੈਨੂੰ ਗੁਰੂ (ਨਾਲ) ਮਿਲਾਵੋ (ਤਾਂ ਜੁ ਗੁਰੂ ਦੀ ਕਿਰਪਾ ਨਾਲ) ਮੈਂ ਪਰਮਾਤਮਾ ਦੇ ਨਾਮ ਦਾ ਰਸ ਪੀ ਸਕਾਂ ॥੧॥ ਰਹਾਉ ॥
6869	163	ਹਉ ਹਰਿ ਗੁਣ ਗਾਵਾ ਨਿਤ ਹਰਿ ਸੁਣੀ ਹਰਿ ਹਰਿ ਗਤਿ ਕੀਨੀ॥	(ਗਤਿ) ਉੱਚੀ ਅਵਸਥਾ, ਮੁਕਤੀ	Ho Har Gun Gaavaa Nith Har Sunee Har Har Gath Keenee ||	I sing the Glorious Praises of the Lord, and I listen to them daily; the Lord, Har, Har, has emancipated me.	(ਹੇ ਸੰਤ ਜਨੋ! ਪਿਆਰੇ ਗੁਰੂ ਦੀ ਮਿਹਰ ਨਾਲ) ਮੈਂ ਨਿੱਤ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹਾਂ ਮੈਂ ਨਿੱਤ ਪਰਮਾਤਮਾ ਦਾ ਨਾਮ ਸੁਣਦਾ ਰਹਿੰਦਾ ਹਾਂ, ਉਸ ਪਰਮਾਤਮਾ ਨੇ ਮੈਨੂੰ ਉੱਚੀ ਆਤਮਕ ਅਵਸਥਾ ਬਖ਼ਸ ਦਿੱਤੀ ਹੈ।
6870	163	ਹਰਿ ਰਸੁ ਗੁਰ ਤੇ ਪਾਇਆ ਮੇਰਾ ਮਨੁ ਤਨੁ ਲੀਨੀ॥	(ਲੀਨੀ) ਲੀਨ ਹੋ ਗਿਆ	Har Ras Gur Thae Paaeiaa Maeraa Man Than Leenee ||	I have obtained the Lord's essence from the Guru; my mind and body are drenched with it.	ਗੁਰੂ ਪਾਸੋਂ ਮੈਂ ਪਰਮਾਤਮਾ ਦੇ ਨਾਮ ਦਾ ਸੁਆਦ ਹਾਸਲ ਕੀਤਾ ਹੈ, (ਹੁਣ) ਮੇਰਾ ਮਨ ਮੇਰਾ ਤਨ (ਉਸ ਸੁਆਦ ਵਿਚ) ਮਗਨ ਰਹਿੰਦਾ ਹੈ।
6871	163	ਧਨੁ ਧਨੁ ਗੁਰੁ ਸਤ ਪੁਰਖੁ ਹੈ ਜਿਨਿ ਭਗਤਿ ਹਰਿ ਦੀਨੀ॥		Dhhan Dhhan Gur Sath Purakh Hai Jin Bhagath Har Dheenee ||	Blessed, blessed is the Guru, the True Being, who has blessed me with devotional worship of the Lord.	(ਹੇ ਸੰਤ ਜਨੋ!) ਜਿਸ ਗੁਰੂ ਨੇ (ਮੈਨੂੰ) ਪਰਮਾਤਮਾ ਦੀ ਭਗਤੀ (ਦੀ ਦਾਤਿ) ਦਿੱਤੀ ਹੈ (ਮੇਰੇ ਵਾਸਤੇ ਤਾਂ ਉਹ) ਸਤਪੁਰਖ ਗੁਰੂ (ਸਦਾ ਹੀ) ਸਲਾਹੁਣ-ਯੋਗ ਹੈ।

6872	163	ਜਿਸੁ ਗੁਰ ਤੇ ਹਰਿ ਪਾਇਆ ਸੋ ਗੁਰੁ ਹਮ ਕੀਨੀ॥੨॥		Jis Gur Thae Har Paaeiaa So Gur Ham Keenee ||2||	From the Guru, I have obtained the Lord; I have made Him my Guru. ||2||	ਜਿਸ ਗੁਰੂ ਪਾਸੋਂ ਮੈਂ ਪਰਮਾਤਮਾ (ਦਾ ਨਾਮ) ਪ੍ਰਾਪਤ ਕੀਤਾ ਹੈ ਉਸ ਗੁਰੂ ਨੂੰ ਮੈਂ ਆਪਣਾ ਬਣਾ ਲਿਆ ਹੈ ॥੨॥
6873	163	ਗੁਣਦਾਤਾ ਹਰਿ ਰਾਇ ਹੈ ਹਮ ਅਵਗਣਿਆਰੇ॥		Gunadhaathaa Har Raae Hai Ham Avaganiaarae ||	The Sovereign Lord is the Giver of virtue. I am worthless and without virtue.	(ਹੇ ਭਾਈ! ਸਾਰੇ ਜਗਤ ਦਾ) ਸ਼ਹਿਨਸ਼ਾਹ ਪਰਮਾਤਮਾ (ਸਭ ਜੀਵਾਂ ਨੂੰ ਸਭ) ਗੁਣਾਂ ਦੀ ਦਾਤ ਦੇਣ ਵਾਲਾ ਹੈ, ਅਸੀਂ (ਜੀਵ) ਅਉਗਣਾਂ ਨਾਲ ਭਰੇ ਰਹਿੰਦੇ ਹਾਂ।
6874	163	ਪਾਪੀ ਪਾਥਰ ਡੂਬਦੇ ਗੁਰਮਤਿ ਹਰਿ ਤਾਰੇ॥		Paapee Paathhar Ddoobadhae Guramath Har Thaarae ||	The sinners sink like stones; through the Guru's Teachings, the Lord carries us across.	(ਜਿਵੇਂ) ਪੱਥਰ (ਪਾਣੀ ਵਿਚ ਡੁੱਬ ਜਾਂਦੇ ਹਨ, ਤਿਵੇਂ ਅਸੀ) ਪਾਪੀ (ਜੀਵ ਵਿਕਾਰਾਂ ਦੇ ਸਮੁੰਦਰ ਵਿਚ) ਡੁੱਬੇ ਰਹਿੰਦੇ ਹਾਂ, ਪਰਮਾਤਮਾ (ਸਾਨੂੰ) ਗੁਰੂ ਦੀ ਮਤਿ ਦੇ ਕੇ (ਉਸ ਸਮੁੰਦਰ ਵਿਚੋਂ) ਪਾਰ ਲੰਘਾਂਦਾ ਹੈ।
6875	163	ਤੂੰ ਗੁਣਦਾਤਾ ਨਿਰਮਲਾ ਹਮ ਅਵਗਣਿਆਰੇ॥		Thoon Gunadhaathaa Niramalaa Ham Avaganiaarae ||	You are the Giver of virtue, O Immaculate Lord; I am worthless and without virtue.	ਹੇ ਪ੍ਰਭੂ! ਤੂੰ ਪਵਿਤ੍ਰ-ਸਰੂਪ ਹੈਂ ਤੂੰ ਗੁਣ ਬਖ਼ਸ਼ਣ ਵਾਲਾ ਹੈਂ, ਅਸੀਂ ਜੀਵ ਅਉਗਣਾਂ ਨਾਲ ਭਰੇ ਪਏ ਹਾਂ।
6876	163	ਹਰਿ ਸਰਣਾਗਤਿ ਰਾਖਿ ਲੇਹੁ ਮੂੜ ਮੁਗਧ ਨਿਸਤਾਰੇ॥੩॥	(ਮੂੜ) ਮੂਰਖਾਂ ਤੋਂ (ਮੁਗਧ) ਮੂਰਖ। ਸਰ-ਣਾਗਤਿ	Har Saranaagath Raakh Laehu Moorr Mugadhh Nisathaarae ||3||	I have entered Your Sanctuary, Lord; please save me, as You have saved the idiots and fools. ||3||	ਹੇ ਹਰੀ! ਅਸੀਂ ਤੇਰੀ ਸਰਨ ਆਏ ਹਾਂ, (ਸਾਨੂੰ ਅਉਗਣਾਂ ਤੋਂ) ਬਚਾ ਲੈ, (ਸਾਨੂੰ) ਮੂਰਖਾਂ ਨੂੰ ਮਹਾ ਮੂਰਖਾਂ ਨੂੰ (ਵਿਕਾਰਾਂ ਦੇ ਸਮੁੰਦਰ ਵਿਚੋਂ) ਪਾਰ ਲੰਘਾ ਲੈ ॥੩॥

6877	163	ਸਹਜੁ ਅਨੰਦੁ ਸਦਾ ਗੁਰਮਤੀ ਹਰਿ ਹਰਿ ਮਨਿ ਧਿਆਇਆ॥		Sehaj Anandh Sadhaa Guramathee Har Har Man Dhhiaaeiaa ||	Eternal celestial bliss comes through the Guru's Teachings, by meditating continually on the Lord, Har, Har.	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਨੂੰ (ਆਪਣੇ) ਮਨ ਵਿਚ (ਸਦਾ) ਸਿਮਰਿਆ ਹੈ, ਉਹ ਗੁਰੂ ਦੀ ਮਤਿ ਤੇ ਤੁਰ ਕੇ ਸਦਾ ਆਤਮਕ ਅਡੋਲਤਾ ਮਾਣਦੇ ਹਨ (ਆਤਮਕ) ਆਨੰਦ ਮਾਣਦੇ ਹਨ।
6878	163	ਸਜਣੁ ਹਰਿ ਪ੍ਰਭੁ ਪਾਇਆ ਘਰਿ ਸੋਹਿਲਾ ਗਾਇਆ॥	(ਸੋਹਿਲਾ) ਜਸ	Sajan Har Prabh Paaeiaa Ghar Sohilaa Gaaeiaa ||	I have obtained the Lord God as my Best Friend, within the home of my own self. I sing the Songs of Joy.	ਜਿਨ੍ਹਾਂ ਨੂੰ ਹਰਿ-ਪ੍ਰਭੂ ਸੱਜਣ ਮਿਲ ਪੈਂਦਾ ਹੈ, ਉਹ ਆਪਣੇ ਹਿਰਦੇ-ਘਰ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦੇ ਰਹਿੰਦੇ ਹਨ।
6879	163	ਹਰਿ ਦਇਆ ਧਾਰਿ ਪ੍ਰਭ ਬੇਨਤੀ ਹਰਿ ਹਰਿ ਚੇਤਾਇਆ॥	(ਚੇਤਾਇਆ) ਸਿਮਰਨ	Har Dhaeiaa Dhhaar Prabh Baenathee Har Har Chaethaaeiaa ||	Please shower me with Your Mercy, O Lord God, that I may meditate on Your Name, Har, Har.	ਹੇ ਹਰੀ! ਹੇ ਪ੍ਰਭੂ! ਮਿਹਰ ਕਰ, (ਮੇਰੀ) ਬੇਨਤੀ (ਸੁਣ), (ਮੈਨੂੰ) ਆਪਣੇ ਨਾਮ ਦਾ ਸਿਮਰਨ ਦੇਹ।
6880	163	ਜਨ ਨਾਨਕੁ ਮੰਗੈ ਧੂੜਿ ਤਿਨ ਜਿਨ ਸਤਿਗੁਰੁ ਪਾਇਆ॥੪॥੪॥੧੮॥੩੮॥		Jan Naanak Mangai Dhhoorr Thin Jin Sathigur Paaeiaa ||4||4||18||38||	Servant Nanak begs for the dust of the feet of those who have found the True Guru. ||4||4||18||38||	(ਹੇ ਪ੍ਰਭੂ! ਤੇਰਾ) ਦਾਸ ਨਾਨਕ (ਤੇਰੇ ਦਰ ਤੋਂ) ਉਹਨਾਂ ਮਨੁੱਖਾਂ ਦੇ ਚਰਨਾਂ ਦੀ ਧੂੜ ਮੰਗਦਾ ਹੈ ਜਿਨ੍ਹਾਂ ਨੂੰ (ਤੇਰੀ ਮਿਹਰ ਨਾਲ) ਗੁਰੂ ਮਿਲ ਪਿਆ ਹੈ ॥੪॥੪॥੧੮॥੩੮॥

6881	163	ਗਉੜੀ ਗੁਆਰੇਰੀ ਮਹਲਾ ੪ ਚਉਥਾ ਚਉਪਦੇ		Gourree Guaaraeree Mehalaa 4 Chouthhaa Choupadhae	Gauree Gwaarayree, Fourth Mehl, Chau-Padas:	ਰਾਗ ਗਉੜੀ-ਗੁਆਰੇਰੀ ਵਿੱਚ ਗੁਰੂ ਅਮਰਦਾਸ ਜੀ ਦੀ ਚਾਰ-ਪਦਿਆਂ ਵਾਲੀ ਬਾਣੀ।
6882	163	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
6883	163	ਪੰਡਿਤੁ ਸਾਸਤ ਸਿਮ੍ਰਿਤਿ ਪੜਿਆ॥	(ਸਾਸਤ) ਸ਼ਾਸਤ੍ਰ। (ਸਿਮ-ਰ੍ਤਿ) ਸਿਮ੍ਰਤੀਆਂ। ਪੜ੍ਹਿਆ	Panddith Saasath Simrith Parriaa ||	The Pandit - the religious scholar - recites the Shaastras and the Simritees;	ਪੰਡਿਤ ਸ਼ਾਸਤਰ ਸਿਮ੍ਰਿਤੀਆਂ (ਆਦਿਕ ਧਰਮ ਪੁਸਤਕ) ਪੜ੍ਹਦਾ ਹੈ (ਤੇ ਇਸ ਵਿਦਵਤਾ ਦਾ ਫ਼ਖ਼ਰ ਕਰਦਾ ਹੈ),
6884	163	ਜੋਗੀ ਗੋਰਖੁ ਗੋਰਖੁ ਕਰਿਆ॥	(ਗੋਰਖੁ) ਜੋਗੀਆਂ ਦੇ ਗੁਰੂ ਜੀ	Jogee Gorakh Gorakh Kariaa ||	The Yogi cries out, ""Gorakh, Gorakh"".	ਜੋਗੀ (ਆਪਣੇ ਗੁਰੂ) ਗੋਰਖ (ਦੇ ਨਾਮ ਦਾ ਜਾਪ) ਕਰਦਾ ਹੈ (ਤੇ ਉਸ ਦੀਆਂ ਦੱਸੀਆਂ ਸਮਾਧੀਆਂ ਆਦਿਕ ਨੂੰ ਆਤਮਕ ਜੀਵਨ ਦੀ ਟੇਕ ਬਣਾਈ ਬੈਠਾ ਹੈ),
6885	163	ਮੈ ਮੂਰਖ ਹਰਿ ਹਰਿ ਜਪੁ ਪੜਿਆ॥੧॥	ਪੜ੍ਹਿਆ	Mai Moorakh Har Har Jap Parriaa ||1||	But I am just a fool - I just chant the Name of the Lord, Har, Har. ||1||	ਪਰ ਮੈਂ ਮੂਰਖ ਨੇ (ਪੰਡਿਤਾਂ ਤੇ ਜੋਗੀਆਂ ਦੇ ਭਾਣੇ ਮੂਰਖ ਨੇ) ਪਰਮਾਤਮਾ ਦੇ ਨਾਮ ਦਾ ਜਪ ਕਰਨਾ ਹੀ (ਆਪਣੇ ਗੁਰੂ ਪਾਸੋਂ) ਸਿੱਖਿਆ ਹੈ ॥੧॥

6886	163	ਨਾ ਜਾਨਾ ਕਿਆ ਗਤਿ ਰਾਮ ਹਮਾਰੀ॥	ਗਤਿ: ਪੋਲਾ ਬੋਲੋ	Naa Jaanaa Kiaa Gath Raam Hamaaree ||	I do not know what my condition shall be, Lord.	ਹੇ ਮੇਰੇ ਰਾਮ! (ਕਿਸੇ ਨੂੰ ਧਰਮ-ਪੁਸਤਕਾਂ ਦੀ ਵਿੱਦਿਆ ਦਾ ਫ਼ਖ਼ਰ, ਕਿਸੇ ਨੂੰ ਸਮਾਧੀਆਂ ਦਾ ਸਹਾਰਾ, ਪਰ) ਮੈਨੂੰ ਸਮਝ ਨਹੀਂ ਆਉਂਦੀ (ਕਿ ਜੇ ਮੈਂ ਤੇਰਾ ਨਾਮ ਭੁਲਾ ਦਿਆਂ ਤਾਂ) ਮੇਰੀ ਕਿਹੋ ਜਿਹੀ ਆਤਮਕ ਦਸ਼ਾ ਹੋ ਜਾਇਗੀ।
6887	163	ਹਰਿ ਭਜੁ ਮਨ ਮੇਰੇ ਤਰੁ ਭਉਜਲੁ ਤੂ ਤਾਰੀ॥੧॥ਰਹਾਉ॥	ਭਜੁ: ਪੋਲਾ ਬੋਲੋ	Har Bhaj Man Maerae Thar Bhoujal Thoo Thaaree ||1|| Rehaao ||	O my mind, vibrate and meditate on the Name of the Lord. You shall cross over the terrifying world-ocean. ||1||Pause||	(ਹੇ ਰਾਮ! ਮੈਂ ਤਾਂ ਆਪਣੇ ਮਨ ਨੂੰ ਇਹੀ ਸਮਝਾਂਦਾ ਹਾਂ-) ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਸਿਮਰ (ਤੇ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾ, (ਪਰਮਾਤਮਾ ਦਾ ਨਾਮ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ) ਬੇੜੀ ਹੈ ॥੧॥ ਰਹਾਉ ॥
6888	164	ਸੰਨਿਆਸੀ ਬਿਭੂਤ ਲਾਇ ਦੇਹ ਸਵਾਰੀ॥	(ਬਿਭੂਤ) ਸੁਆਹ	Sanniaasee Bibhooth Laae Dhaeh Savaaree ||	The Sannyaasee smears his body with ashes;	ਸੰਨਿਆਸੀ ਨੇ ਸੁਆਹ ਮਲ ਕੇ ਆਪਣੇ ਸਰੀਰ ਨੂੰ ਸਵਾਰਿਆ ਹੋਇਆ ਹੈ।
6889	164	ਪਰ ਤ੍ਰਿਅ ਤਿਆਗੁ ਕਰੀ ਬ੍ਰਹਮਚਾਰੀ॥	(ਪਰ) ਪਰਾਈ (ਤ੍ਰਿਅ) ਇਸਤ੍ਰੀ	Par Thria Thiaag Karee Brehamachaaree ||	Renouncing other men's women, he practices celibacy.	ਉਸ ਨੇ ਪਰਾਈ ਇਸਤ੍ਰੀ ਦਾ ਤਿਆਗ ਕਰ ਕੇ ਬ੍ਰਹਮਚਰਜ ਧਾਰਨ ਕੀਤਾ ਹੋਇਆ ਹੈ (ਉਸ ਨੇ ਨਿਰੇ ਬ੍ਰਹਮ ਚਰਜ ਨੂੰ ਆਪਣੇ ਆਤਮਕ ਜੀਵਨ ਦਾ ਸਹਾਰਾ ਬਣਾਇਆ ਹੋਇਆ ਹੈ।

6890	164	ਮੈ ਮੂਰਖ ਹਰਿ ਆਸ ਤੁਮਾਰੀ॥੨॥		Mai Moorakh Har Aas Thumaaree ||2||	I am just a fool, Lord; I place my hopes in You! ||2||	ਉਸ ਦੀਆਂ ਨਿਗਾਹਾਂ ਵਿਚ ਮੇਰੇ ਵਰਗਾ ਗ੍ਰਿਹਸਤੀ ਮੂਰਖ ਹੈ, ਪਰ) ਹੇ ਹਰੀ! ਮੈਂ ਮੂਰਖ ਨੂੰ ਤੇਰੇ ਨਾਮ ਦਾ ਹੀ ਆਸਰਾ ਹੈ ॥੨॥
6891	164	ਖਤ੍ਰੀ ਕਰਮ ਕਰੇ ਸੂਰਤਣੁ ਪਾਵੈ॥	(ਸੂ-ਰੱਤਣੁ) ਸੂਰਮਤਾ। ਖੱਤ੍ਰੀ	Khathree Karam Karae Soorathan Paavai ||	The Kh'shaatriya acts bravely, and is recognized as a warrior.	(ਸਿਮ੍ਰਿਤੀਆਂ ਦੇ ਧਰਮ ਅਨੁਸਾਰ) ਖਤ੍ਰੀ (ਸੂਰਮਤਾ ਦੇ) ਕੰਮ ਕਰਦਾ ਹੈ ਤੇ ਸੂਰਮਤਾ ਦਾ ਨਾਮਣਾ ਖੱਟਦਾ ਹੈ (ਉਹ ਇਸੇ ਨੂੰ ਹੀ ਜੀਵਨ-ਨਿਸ਼ਾਨਾ ਸਮਝਦਾ ਹੈ)।
6892	164	ਸੂਦੁ ਵੈਸੁ ਪਰ ਕਿਰਤਿ ਕਮਾਵੈ॥	(ਪਰ) ਪਰਾਇਆ (ਕਿਰਤਿ) ਕੰਮ	Soodh Vais Par Kirath Kamaavai ||	The Shoodra and the Vaisha work and slave for others;	ਸ਼ੂਦਰ ਦੂਜਿਆਂ ਦੀ ਸੇਵਾ ਕਰਦਾ ਹੈ, ਵੈਸ਼ ਭੀ (ਵਣਜ ਆਦਿਕ) ਕਿਰਤ ਕਰਦਾ ਹੈ (ਸ਼ੂਦਰ ਭੀ ਤੇ ਵੈਸ਼ ਭੀ ਆਪੋ ਆਪਣੀ ਕਿਰਤ ਵਿਚ ਮਗਨ ਹੈ,
6893	164	ਮੈ ਮੂਰਖ ਹਰਿ ਨਾਮੁ ਛਡਾਵੈ॥੩॥		Mai Moorakh Har Naam Shhaddaavai ||3||	I am just a fool - I am saved by the Lord's Name. ||3||	ਪਰ ਮੈਂ ਨਿਰੀ ਕਿਰਤ ਨੂੰ ਜੀਵਨ-ਮਨੋਰਥ ਨਹੀਂ ਮੰਨਦਾ, ਇਹਨਾਂ ਦੀਆਂ ਨਜ਼ਰਾਂ ਵਿਚ) ਮੈਂ ਮੂਰਖ ਹਾਂ (ਪਰ ਮੈਨੂੰ ਯਕੀਨ ਹੈ ਕਿ) ਪਰਮਾਤਮਾ ਦਾ ਨਾਮ (ਹੀ ਸੰਸਾਰ-ਸਮੁੰਦਰ ਦੇ ਵਿਕਾਰਾਂ ਤੋਂ) ਬਚਾਂਦਾ ਹੈ ॥੩॥

6894	164	ਸਭ ਤੇਰੀ ਸ੍ਰਿਸਟਿ ਤੂੰ ਆਪਿ ਰਹਿਆ ਸਮਾਈ॥		Sabh Thaeree Srisatt Thoon Aap Rehiaa Samaaee ||	The entire Universe is Yours; You Yourself permeate and pervade it.	(ਪਰ, ਹੇ ਪ੍ਰਭੂ!) ਇਹ ਸਾਰੀ ਸ੍ਰਿਸ਼ਟੀ ਤੇਰੀ ਰਚੀ ਹੋਈ ਹੈ, (ਸਭ ਜੀਵਾਂ ਵਿਚ) ਤੂੰ ਆਪ ਹੀ ਵਿਆਪਕ ਹੈਂ (ਜੋ ਕੁਝ ਤੂੰ ਸੁਝਾਉਂਦਾ ਹੈਂ ਉਹੀ ਇਹਨਾਂ ਨੂੰ ਸੁੱਝਦਾ ਹੈ)।
6895	164	ਗੁਰਮੁਖਿ ਨਾਨਕ ਦੇ ਵਡਿਆਈ॥		Guramukh Naanak Dhae Vaddiaaee ||	O Nanak, the Gurmukhs are blessed with glorious greatness.	ਹੇ ਨਾਨਕ! (ਜਿਸ ਕਿਸੇ ਉਤੇ ਪ੍ਰਭੂ ਮਿਹਰ ਕਰਦਾ ਹੈ ਉਸ ਨੂੰ) ਗੁਰੂ ਦੀ ਸਰਨ ਪਾ ਕੇ (ਆਪਣੇ ਨਾਮ ਦੀ) ਵਡਿਆਈ ਬਖ਼ਸ਼ਦਾ ਹੈ।
6896	164	ਮੈ ਅੰਧੁਲੇ ਹਰਿ ਟੇਕ ਟਿਕਾਈ॥੪॥੧॥੩੯॥	(ਟੇਕ) ਆਸਰਾ (ਟਿਕਾਈ) ਰੱਖਿਆ, ਬਣਾਇਆ	Mai Andhhulae Har Ttaek Ttikaaee ||4||1||39||	I am blind - I have taken the Lord as my Support. ||4||1||39||	(ਇਹਨਾਂ ਲੋਕਾਂ ਦੇ ਭਾਣੇ ਮੈਂ ਅੰਨ੍ਹਾ ਹਾਂ, ਪਰ) ਮੈਂ ਅੰਨ੍ਹੇ ਨੇ ਪਰਮਾਤਮਾ ਦੇ ਨਾਮ ਦਾ ਆਸਰਾ ਲਿਆ ਹੋਇਆ ਹੈ ॥੪॥੧॥੩੯॥
6897	164	ਗਉੜੀ ਗੁਆਰੇਰੀ ਮਹਲਾ ੪॥		Gourree Guaaraeree Mehalaa 4 ||	Gauree Gwaarayree, Fourth Mehl:	
6898	164	ਨਿਰਗੁਣ ਕਥਾ ਕਥਾ ਹੈ ਹਰਿ ਕੀ॥		Niragun Kathhaa Kathhaa Hai Har Kee ||	The Speech of the Lord is the most sublime speech, free of any attributes.	ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਤਿੰਨਾਂ ਗੁਣਾਂ ਤੋਂ ਉਤਾਂਹ ਹਨ (ਦੁਨੀਆ ਦੇ ਲੋਕਾਂ ਦੀਆਂ ਸਿਫ਼ਤਾਂ ਦੀਆਂ ਕਹਾਣੀਆਂ ਨਾਲੋਂ ਬਹੁਤ ਉੱਚੇ ਟਿਕਾਣੇ ਦੀਆਂ ਹਨ)।

6899	164	ਭਜੁ ਮਿਲਿ ਸਾਧੂ ਸੰਗਤਿ ਜਨ ਕੀ॥		Bhaj Mil Saadhhoo Sangath Jan Kee ||	Vibrate on it, meditate on it, and join the Saadh Sangat, the Company of the Holy.	(ਹੇ ਭਾਈ!) ਸਾਧੂ ਜਨਾਂ ਦੀ ਸੰਗਤਿ ਵਿਚ ਮਿਲ ਕੇ (ਉਸ ਪਰਮਾਤਮਾ ਦਾ) ਭਜਨ ਕਰਿਆ ਕਰ।
6900	164	ਤਰੁ ਭਉਜਲੁ ਅਕਥ ਕਥਾ ਸੁਨਿ ਹਰਿ ਕੀ॥੧॥	ਅ-ਕਥ ਕਥਾ: ਪੋਲੇ ਬੋਲੋ	Thar Bhoujal Akathh Kathhaa Sun Har Kee ||1||	Cross over the terrifying world-ocean, listening to the Unspoken Speech of the Lord. ||1||	ਉਸ ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣਿਆ ਕਰ, ਜਿਸ ਦੇ ਗੁਣ ਦੱਸੇ ਨਹੀਂ ਜਾ ਸਕਦੇ (ਤੇ, ਸਿਫ਼ਤ-ਸਾਲਾਹ ਦੀ ਬਰਕਤਿ ਨਾਲ) ਸੰਸਾਰ-ਸਮੁੰਦਰ ਤੋਂ ਪਾਰ ਲੰਘ ॥੧॥
6901	164	ਗੋਬਿੰਦ ਸਤਸੰਗਤਿ ਮੇਲਾਇ॥		Gobindh Sathasangath Maelaae ||	O Lord of the Universe, unite me with the Sat Sangat, the True Congregation.	ਹੇ ਗੋਬਿੰਦ! (ਮੈਨੂੰ) ਸਾਧ ਸੰਗਤਿ ਦਾ ਮਿਲਾਪ ਬਖ਼ਸ਼,
6902	164	ਹਰਿ ਰਸੁ ਰਸਨਾ ਰਾਮ ਗੁਨ ਗਾਇ॥੧॥ਰਹਾਉ॥		Har Ras Rasanaa Raam Gun Gaae ||1|| Rehaao ||	My tongue savors the sublime essence of the Lord, singing the Lord's Glorious Praises. ||1||Pause||	(ਤਾਂ ਜੁ ਮੇਰੀ) ਜੀਭ ਹਰਿ-ਨਾਮ ਦਾ ਸੁਆਦ (ਲੈ ਕੇ) ਹਰਿ-ਗੁਣ ਗਾਂਦੀ ਰਹੇ ॥੧॥ ਰਹਾਉ ॥
6903	164	ਜੋ ਜਨ ਧਿਆਵਹਿ ਹਰਿ ਹਰਿ ਨਾਮਾ॥		Jo Jan Dhhiaavehi Har Har Naamaa ||	Those humble beings who meditate on the Name of the Lord, Har, Har	ਹੇ ਹਰੀ! ਹੇ ਰਾਮ! ਜੇਹੜੇ ਮਨੁੱਖ ਤੇਰਾ ਨਾਮ ਸਿਮਰਦੇ ਹਨ,

6904	164	ਤਿਨ ਦਾਸਨਿ ਦਾਸ ਕਰਹੁ ਹਮ ਰਾਮਾ॥		Thin Dhaasan Dhaas Karahu Ham Raamaa ||	Please make me the slave of their slaves, Lord.	ਮੈਨੂੰ ਉਹਨਾਂ ਦੇ ਦਾਸਾਂ ਦਾ ਦਾਸ ਬਣਾ।
6905	164	ਜਨ ਕੀ ਸੇਵਾ ਊਤਮ ਕਾਮਾ॥੨॥		Jan Kee Saevaa Ootham Kaamaa ||2||	Serving Your slaves is the ultimate good deed. ||2||	(ਤੇਰੇ) ਦਾਸਾਂ ਦੀ ਸੇਵਾ (ਮਨੁੱਖਾ ਜੀਵਨ ਵਿਚ ਸਭ ਤੋਂ) ਸ੍ਰੇਸ਼ਟ ਕੰਮ ਹੈ ॥੨॥
6906	164	ਜੋ ਹਰਿ ਕੀ ਹਰਿ ਕਥਾ ਸੁਣਾਵੈ॥		Jo Har Kee Har Kathhaa Sunaavai ||	One who chants the Speech of the Lord	(ਹੇ ਭਾਈ!) ਜੇਹੜਾ ਮਨੁੱਖ (ਮੈਨੂੰ) ਪਰਮਾਤਮਾ (ਦੀ ਸਿਫ਼ਤ-ਸਾਲਾਹ) ਦੀਆਂ ਗੱਲਾਂ ਸੁਣਾਂਦਾ ਹੈ,
6907	164	ਸੋ ਜਨੁ ਹਮਰੈ ਮਨਿ ਚਿਤਿ ਭਾਵੈ॥	(ਭਾਵੈ) ਚੰਗਾ ਲੱਗਦਾ	So Jan Hamarai Man Chith Bhaavai ||	That humble servant is pleasing to my conscious mind.	ਉਹ (ਮੈਨੂੰ) ਮੇਰੇ ਮਨ ਵਿਚ ਮੇਰੇ ਚਿੱਤ ਵਿਚ ਪਿਆਰਾ ਲੱਗਦਾ ਹੈ।
6908	164	ਜਨ ਪਗ ਰੇਣੁ ਵਡਭਾਗੀ ਪਾਵੈ॥੩॥	ਪਗ:ਪੋਲਾ ਬੋਲੋ ।(ਪਗ) ਚਰਨ (ਰੇਣੁ) ਧੂੜ	Jan Pag Raen Vaddabhaagee Paavai ||3||	Those who are blessed with great good fortune obtain the dust of the feet of the humble. ||3||	(ਪਰਮਾਤਮਾ ਦੇ) ਭਗਤ ਦੇ ਪੈਰਾਂ ਦੀ ਖ਼ਾਕ ਕੋਈ ਵੱਡੇ ਭਾਗਾਂ ਵਾਲਾ ਮਨੁੱਖ (ਹੀ) ਹਾਸਲ ਕਰਦਾ ਹੈ ॥੩॥
6909	164	ਸੰਤ ਜਨਾ ਸਿਉ ਪ੍ਰੀਤਿ ਬਨਿ ਆਈ॥	ਸਿਉ) ਨਾਲ (ਪ੍ਰੀਤਿ) ਪਿਆਰ	Santh Janaa Sio Preeth Ban Aaee ||	Those who are blessed with such pre-ordained destiny	ਹੇ ਨਾਨਕ! (ਪ੍ਰਭੂ ਦੇ) ਸੰਤ ਜਨਾਂ ਨਾਲ (ਉਹਨਾਂ ਮਨੁੱਖਾਂ ਦੀ) ਪ੍ਰੀਤਿ ਨਿਭਦੀ ਹੈ,
6910	164	ਜਿਨ ਕਉ ਲਿਖਤੁ ਲਿਖਿਆ ਧੁਰਿ ਪਾਈ॥		Jin Ko Likhath Likhiaa Dhhur Paaee ||	Are in love with the humble Saints.	ਜਿਨ੍ਹਾਂ ਦੇ ਮੱਥੇ ਉਤੇ ਪਰਮਾਤਮਾ ਨੇ ਧੁਰੋਂ (ਆਪਣੀ ਦਰਗਾਹ ਤੋਂ ਆਪਣੀ ਬਖ਼ਸ਼ਸ਼ ਦਾ) ਲੇਖ ਲਿਖ ਦਿੱਤਾ ਹੋਵੇ।

6911	164	ਤੇ ਜਨ ਨਾਨਕ ਨਾਮਿ ਸਮਾਈ॥੪॥੨॥੪੦॥		Thae Jan Naanak Naam Samaaee ||4||2||40||	Those humble beings, O Nanak, are absorbed in the Naam, the Name of the Lord. ||4||2||40||	ਉਹ ਮਨੁੱਖ ਪਰਮਾਤਮਾ ਦੇ ਨਾਮ ਵਿਚ (ਸਦਾ ਲਈ) ਲੀਨਤਾ ਹਾਸਲ ਕਰ ਲੈਂਦੇ ਹਨ ॥੪॥੨॥੪੦॥
6912	164	ਗਉੜੀ ਗੁਆਰੇਰੀ ਮਹਲਾ ੪॥		Gourree Guaaraeree Mehalaa 4 ||	Gauree Gwaarayree, Fourth Mehl:	
6913	164	ਮਾਤਾ ਪ੍ਰੀਤਿ ਕਰੇ ਪੁਤੁ ਖਾਇ॥		Maathaa Preeth Karae Puth Khaae ||	The mother loves to see her son eat.	(ਹਰੇਕ) ਮਾਂ ਖ਼ੁਸ਼ੀ ਮਨਾਂਦੀ ਹੈ ਜਦੋਂ ਉਸ ਦਾ ਪੁੱਤਰ (ਕੋਈ ਚੰਗੀ ਸ਼ੈ) ਖਾਂਦਾ ਹੈ।
6914	164	ਮੀਨੇ ਪ੍ਰੀਤਿ ਭਈ ਜਲਿ ਨਾਇ॥	ਨ੍ਹਾਇ	Meenae Preeth Bhee Jal Naae ||	The fish loves to bathe in the water.	ਪਾਣੀ ਵਿਚ ਨ੍ਹਾ ਕੇ ਮੱਛੀ ਨੂੰ ਖ਼ੁਸ਼ੀ ਹੁੰਦੀ ਹੈ।
6915	164	ਸਤਿਗੁਰ ਪ੍ਰੀਤਿ ਗੁਰਸਿਖ ਮੁਖਿ ਪਾਇ॥੧॥		Sathigur Preeth Gurasikh Mukh Paae ||1||	The True Guru loves to place food in the mouth of His GurSikh. ||1||	ਗੁਰੂ ਨੂੰ ਖ਼ੁਸ਼ੀ ਹੁੰਦੀ ਹੈ, ਜਦੋਂ ਕੋਈ ਮਨੁੱਖ ਕਿਸੇ ਗੁਰਸਿੱਖ ਦੇ ਮੂੰਹ ਵਿਚ (ਭੋਜਨ) ਪਾਂਦਾ ਹੈ (ਜਦੋਂ ਕੋਈ ਕਿਸੇ ਗੁਰਸਿੱਖ ਦੀ ਸੇਵਾ ਕਰਦਾ ਹੈ) ॥੧॥
6916	164	ਤੇ ਹਰਿ ਜਨ ਹਰਿ ਮੇਲਹੁ ਹਮ ਪਿਆਰੇ॥		Thae Har Jan Har Maelahu Ham Piaarae ||	If only I could meet those humble servants of the Lord, O my Beloved.	ਹੇ ਹਰੀ! ਮੈਨੂੰ ਆਪਣੇ ਉਹ ਸੇਵਕ ਮਿਲਾ,

6917	164	ਜਿਨ ਮਿਲਿਆ ਦੁਖ ਜਾਹਿ ਹਮਾਰੇ॥੧॥ਰਹਾਉ॥		Jin Miliaa Dhukh Jaahi Hamaarae ||1|| Rehaao ||	Meeting with them, my sorrows depart. ||1||Pause||	ਜਿਨ੍ਹਾਂ ਦੇ ਮਿਲਿਆਂ ਮੇਰੇ ਸਾਰੇ ਦੁਖ ਦੂਰ ਹੋ ਜਾਣ (ਤੇ ਮੇਰੇ ਅੰਦਰ ਆਤਮਕ ਆਨੰਦ ਪੈਦਾ ਹੋ ਜਾਏ) ॥੧॥ ਰਹਾਉ ॥
6918	164	ਜਿਉ ਮਿਲਿ ਬਛਰੇ ਗਊ ਪ੍ਰੀਤਿ ਲਗਾਵੈ॥		Jio Mil Bashharae Goo Preeth Lagaavai ||	As the cow shows her love to her strayed calf when she finds it,	ਜਿਵੇਂ (ਆਪਣੇ) ਵੱਛੇ ਨੂੰ ਮਿਲ ਕੇ ਗਾਂ ਖ਼ੁਸ਼ ਹੁੰਦੀ ਹੈ,
6919	164	ਕਾਮਨਿ ਪ੍ਰੀਤਿ ਜਾ ਪਿਰੁ ਘਰਿ ਆਵੈ॥	(ਕਾਮਨਿ) ਇਸਤ੍ਰੀ। (ਪਿਰੁ) ਪਤੀ	Kaaman Preeth Jaa Pir Ghar Aavai ||	And as the bride shows her love for her husband when he returns home,	ਜਿਵੇਂ ਇਸਤ੍ਰੀ ਨੂੰ ਖ਼ੁਸ਼ੀ ਹੁੰਦੀ ਹੈ ਜਦੋਂ ਉਸ ਦਾ ਪਤੀ ਘਰ ਆਉਂਦਾ ਹੈ,
6920	164	ਹਰਿ ਜਨ ਪ੍ਰੀਤਿ ਜਾ ਹਰਿ ਜਸੁ ਗਾਵੈ॥੨॥		Har Jan Preeth Jaa Har Jas Gaavai ||2||	So does the Lord's humble servant love to sing the Praises of the Lord. ||2||	(ਤਿਵੇਂ) ਪਰਮਾਤਮਾ ਦੇ ਸੇਵਕ ਨੂੰ ਤਦੋਂ ਖ਼ੁਸ਼ੀ ਹੁੰਦੀ ਹੈ ਜਦੋਂ ਉਹ ਪਰਮਾਤਮਾ ਦੀ ਸਿਫ਼ਤ-ਸਾਲਾਹ ਗਾਂਦਾ ਹੈ ॥੨॥
6921	164	ਸਾਰਿੰਗ ਪ੍ਰੀਤਿ ਬਸੈ ਜਲਧਾਰਾ॥	(ਜਲਧਾਰਾ)ਜ਼ੋਰਦਾਰ ਮੀਂਹ (ਬਸੈ) ਵਰਸੇ	Saaring Preeth Basai Jal Dhhaaraa ||	The rainbird loves the rainwater, falling in torrents;	ਪਪੀਹੇ ਨੂੰ ਖ਼ੁਸ਼ੀ ਹੁੰਦੀ ਹੈ ਜਦੋਂ (ਸ੍ਵਾਂਤੀ ਨਛੱਤ੍ਰ ਵਿਚ) ਮੁਹਲੇ-ਧਾਰ ਮੀਂਹ ਵੱਸਦਾ ਹੈ,
6922	164	ਨਰਪਤਿ ਪ੍ਰੀਤਿ ਮਾਇਆ ਦੇਖਿ ਪਸਾਰਾ॥	(ਨਰਪਤਿ) ਰਾਜਾ	Narapath Preeth Maaeiaa Dhaekh Pasaaraa ||	The king loves to see his wealth on display.	ਮਾਇਆ ਦਾ ਖਿਲਾਰਾ ਵੇਖ ਕੇ (ਕਿਸੇ) ਰਾਜੇ-ਪਾਤਿਸ਼ਾਹ ਨੂੰ ਖ਼ੁਸ਼ੀ ਹੁੰਦੀ ਹੈ।

6923	164	ਹਰਿ ਜਨ ਪ੍ਰੀਤਿ ਜਪੈ ਨਿਰੰਕਾਰਾ॥੩॥		Har Jan Preeth Japai Nirankaaraa ||3||	The humble servant of the Lord loves to meditate on the Formless Lord. ||3||	(ਤਿਵੇਂ) ਪ੍ਰਭੂ ਦੇ ਦਾਸ ਨੂੰ ਖ਼ੁਸ਼ੀ ਹੁੰਦੀ ਹੈ ਜਦੋਂ ਉਹ ਪਰਮਾਤਮਾ ਦਾ ਨਾਮ ਜਪਦਾ ਹੈ ॥੩॥
6924	164	ਨਰ ਪ੍ਰਾਣੀ ਪ੍ਰੀਤਿ ਮਾਇਆ ਧਨੁ ਖਾਟੇ॥		Nar Praanee Preeth Maaeiaa Dhhan Khaattae ||	The mortal man loves to accumulate wealth and property.	ਹਰੇਕ ਮਨੁੱਖ ਨੂੰ ਖ਼ੁਸ਼ੀ ਹੁੰਦੀ ਹੈ ਜਦੋਂ ਉਹ ਮਾਇਆ ਕਮਾਂਦਾ ਹੈ ਧਨ ਖੱਟਦਾ ਹੈ।
6925	164	ਗੁਰਸਿਖ ਪ੍ਰੀਤਿ ਗੁਰੁ ਮਿਲੈ ਗਲਾਟੇ॥	(ਗਲਾਟੇ) ਗਲ਼ ਨਾਲ	Gurasikh Preeth Gur Milai Galaattae ||	The GurSikh loves to meet and embrace the Guru.	ਗੁਰੂ ਦੇ ਸਿੱਖ ਨੂੰ ਖ਼ੁਸ਼ੀ (ਮਹਿਸੂਸ) ਹੁੰਦੀ ਹੈ ਜਦੋਂ ਉਸ ਨੂੰ ਉਸ ਦਾ ਗੁਰੂ ਗਲ ਲਾ ਕੇ ਮਿਲਦਾ ਹੈ।
6926	164	ਜਨ ਨਾਨਕ ਪ੍ਰੀਤਿ ਸਾਧ ਪਗ ਚਾਟੇ॥੪॥੩॥੪੧॥	(:ਪੋਲਾ ਬੋਲੋ ਪਗ) ਚਰਨ (ਚਾਟੇ) ਚੱਟਣੇ	Jan Naanak Preeth Saadhh Pag Chaattae ||4||3||41||	Servant Nanak loves to kiss the feet of the Holy. ||4||3||41||	ਹੇ ਨਾਨਕ! ਪਰਮਾਤਮਾ ਦੇ ਸੇਵਕ ਨੂੰ ਖ਼ੁਸ਼ੀ ਹੁੰਦੀ ਹੈ ਜਦੋਂ ਉਹ ਕਿਸੇ ਗੁਰਮੁਖਿ ਦੇ ਪੈਰ ਚੁੰਮਦਾ ਹੈ ॥੪॥੩॥੪੧॥
6927	164	ਗਉੜੀ ਗੁਆਰੇਰੀ ਮਹਲਾ ੪॥		Gourree Guaaraeree Mehalaa 4 ||	Gauree Gwaarayree, Fourth Mehl:	
6928	164	ਭੀਖਕ ਪ੍ਰੀਤਿ ਭੀਖ ਪ੍ਰਭ ਪਾਇ॥		Bheekhak Preeth Bheekh Prabh Paae ||	The beggar loves to receive charity from the wealthy landlord.	ਮੰਗਤੇ ਨੂੰ (ਤਦੋਂ) ਖ਼ੁਸ਼ੀ ਹੁੰਦੀ ਹੈ (ਜਦੋਂ ਉਸ ਨੂੰ ਕਿਸੇ ਘਰ ਦੇ) ਮਾਲਕ ਪਾਸੋਂ ਭਿੱਖਿਆ ਮਿਲਦੀ ਹੈ।
6929	164	ਭੂਖੇ ਪ੍ਰੀਤਿ ਹੋਵੈ ਅੰਨੁ ਖਾਇ॥		Bhookhae Preeth Hovai Ann Khaae ||	The hungry person loves to eat food.	ਭੁੱਖੇ ਮਨੁੱਖ ਨੂੰ (ਤਦੋਂ) ਖ਼ੁਸ਼ੀ ਹੁੰਦੀ ਹੈ (ਜਦੋਂ ਉਹ) ਅੰਨ ਖਾਂਦਾ ਹੈ।

6930	164	ਗੁਰਸਿਖ ਪ੍ਰੀਤਿ ਗੁਰ ਮਿਲਿ ਆਘਾਇ॥੧॥	(ਆਘਾਇ) ਤ੍ਰਿਪਤ	Gurasikh Preeth Gur Mil Aaghaae ||1||	The GurSikh loves to find satisfaction by meeting the Guru. ||1||	(ਇਸੇ ਤਰ੍ਹਾਂ) ਗੁਰੂ ਦੇ ਸਿੱਖ ਨੂੰ ਖ਼ੁਸ਼ੀ ਹੁੰਦੀ ਹੈ ਜਦੋਂ ਗੁਰੂ ਨੂੰ ਮਿਲ ਕੇ ਉਹ ਮਾਇਆ ਦੀ ਤ੍ਰਿਸ਼ਨਾ ਵਲੋਂ ਸੰਤੁਸ਼ਟ ਹੁੰਦਾ ਹੈ ॥੧॥
6931	164	ਹਰਿ ਦਰਸਨੁ ਦੇਹੁ ਹਰਿ ਆਸ ਤੁਮਾਰੀ॥		Har Dharasan Dhaehu Har Aas Thumaaree ||	O Lord, grant me the Blessed Vision of Your Darshan; I place my hopes in You, Lord.	ਹੇ ਹਰੀ! ਮੈਨੂੰ ਦਰਸਨ ਦੇਹ (ਜੀਵਨ ਦੇ ਬਿਖੜੇ ਪੈਂਡੇ ਵਿਚ ਮੈਨੂੰ) ਤੇਰੀ ਹੀ (ਸਹਾਇਤਾ ਦੀ) ਆਸ ਹੈ।
6932	164	ਕਰਿ ਕਿਰਪਾ ਲੋਚ ਪੂਰਿ ਹਮਾਰੀ॥੧॥ਰਹਾਉ॥	(ਲੋਚ) ਇੱਛਾ (ਪੂਰਿ) ਪੂਰਨ ਕਰੋ	Kar Kirapaa Loch Poor Hamaaree ||1|| Rehaao ||	Shower me with Your Mercy, and fulfill my longing. ||1||Pause||	ਕਿਰਪਾ ਕਰ, ਮੇਰੀ ਤਾਂਘ ਪੂਰੀ ਕਰ ॥੧॥ ਰਹਾਉ ॥
6933	164	ਚਕਵੀ ਪ੍ਰੀਤਿ ਸੂਰਜੁ ਮੁਖਿ ਲਾਗੈ॥		Chakavee Preeth Sooraj Mukh Laagai ||	The song-bird loves the sun shining in her face.	ਚਕਵੀ ਨੂੰ ਖ਼ੁਸ਼ੀ ਹੁੰਦੀ ਹੈ ਜਦੋਂ ਉਸ ਨੂੰ ਸੂਰਜ ਦਿੱਸਦਾ ਹੈ,
6934	164	ਮਿਲੈ ਪਿਆਰੇ ਸਭ ਦੁਖ ਤਿਆਗੈ॥		Milai Piaarae Sabh Dhukh Thiaagai ||	Meeting her Beloved, all her pains are left behind.	(ਕਿਉਂਕਿ ਸੂਰਜ ਚੜ੍ਹਨ ਤੇ ਉਹ ਆਪਣੇ) ਪਿਆਰੇ (ਚਕਵੇ) ਨੂੰ ਮਿਲਦੀ ਹੈ (ਤੇ ਵਿਛੋੜੇ ਦੇ) ਸਾਰੇ ਦੁਖ ਭੁਲਾਂਦੀ ਹੈ।
6935	164	ਗੁਰਸਿਖ ਪ੍ਰੀਤਿ ਗੁਰੂ ਮੁਖਿ ਲਾਗੈ॥੨॥		Gurasikh Preeth Guroo Mukh Laagai ||2||	The GurSikh loves to gaze upon the Face of the Guru. ||2||	ਗੁਰਸਿੱਖ ਨੂੰ ਖ਼ੁਸ਼ੀ ਹੁੰਦੀ ਹੈ ਜਦੋਂ ਉਸ ਨੂੰ ਗੁਰੂ ਦਿੱਸਦਾ ਹੈ ॥੨॥

6936	164	ਬਛਰੇ ਪ੍ਰੀਤਿ ਖੀਰੁ ਮੁਖਿ ਖਾਇ॥	(ਖੀਰੁ) ਦੁੱਧ	Bashharae Preeth Kheer Mukh Khaae ||	The calf loves to suck its mother's milk;	ਵੱਛੇ ਨੂੰ (ਆਪਣੀ ਮਾਂ ਦਾ) ਦੁੱਧ ਮੂੰਹ ਨਾਲ ਪੀ ਕੇ ਖ਼ੁਸ਼ੀ ਹੁੰਦੀ ਹੈ,
6937	164	ਹਿਰਦੈ ਬਿਗਸੈ ਦੇਖੈ ਮਾਇ॥	(ਮਾਇ) ਮਾਂ	Hiradhai Bigasai Dhaekhai Maae ||	Its heart blossoms forth upon seeing its mother.	ਉਹ (ਆਪਣੀ) ਮਾਂ ਨੂੰ ਵੇਖਦਾ ਹੈ ਤੇ ਦਿਲ ਵਿਚ ਖਿੜਦਾ ਹੈ।
6938	164	ਗੁਰਸਿਖ ਪ੍ਰੀਤਿ ਗੁਰੂ ਮੁਖਿ ਲਾਇ॥੩॥		Gurasikh Preeth Guroo Mukh Laae ||3||	The GurSikh loves to gaze upon the Face of the Guru. ||3||	(ਇਸ ਤਰ੍ਹਾਂ) ਗੁਰਸਿੱਖ ਨੂੰ ਗੁਰੂ ਦਾ ਦਰਸਨ ਕਰ ਕੇ ਖ਼ੁਸ਼ੀ ਹੁੰਦੀ ਹੈ ॥੩॥
6939	164	ਹੋਰੁ ਸਭ ਪ੍ਰੀਤਿ ਮਾਇਆ ਮੋਹੁ ਕਾਚਾ॥	(ਕਾਚਾ) ਕੱਚਾ	Hor Sabh Preeth Maaeiaa Mohu Kaachaa ||	All other loves and emotional attachment to Maya are false.	(ਗੁਰੂ ਪਰਮਾਤਮਾ ਤੋਂ ਬਿਨਾ) ਹੋਰ ਮੋਹ ਕੱਚਾ ਹੈ ਮਾਇਆ ਦੀ ਪ੍ਰੀਤਿ ਸਾਰੀ ਨਾਸਵੰਤ ਹੈ।
6940	164	ਬਿਨਸਿ ਜਾਇ ਕੂਰਾ ਕਚੁ ਪਾਚਾ॥	(ਕੂਰਾ) ਝੂਠਾ। ਕੱਚੁਪੱਾਚਾ	Binas Jaae Kooraa Kach Paachaa ||	They shall pass away, like false and transitory decorations.	ਹੋਰ ਮੋਹ ਨਾਸ ਹੋ ਜਾਂਦਾ ਹੈ, ਝੂਠਾ ਹੈ, ਨਿਰਾ ਕੱਚ ਸਮਾਨ ਹੀ ਹੈ।
6941	164	ਜਨ ਨਾਨਕ ਪ੍ਰੀਤਿ ਤ੍ਰਿਪਤਿ ਗੁਰੁ ਸਾਚਾ॥੪॥੪॥੪੨॥		Jan Naanak Preeth Thripath Gur Saachaa ||4||4||42||	Servant Nanak is fulfilled, through the Love of the True Guru. ||4||4||42||	ਹੇ ਦਾਸ ਨਾਨਕ! ਜਿਸ ਨੂੰ ਸੱਚਾ ਗੁਰੂ ਮਿਲਦਾ ਹੈ ਉਸਨੂੰ (ਅਸਲ) ਖ਼ੁਸ਼ੀ ਹੁੰਦੀ ਹੈ (ਕਿਉਂਕਿ ਉਸ ਨੂੰ ਗੁਰੂ ਮਿਲਣ ਨਾਲ) ਸੰਤੋਖ ਪ੍ਰਾਪਤ ਹੁੰਦਾ ਹੈ ॥੪॥੪॥੪੨॥
6942	165	ਗਉੜੀ ਗੁਆਰੇਰੀ ਮਹਲਾ ੪॥		Gourree Guaaraeree Mehalaa 4 ||	Gauree Gwaarayree, Fourth Mehl:	

6943	165	ਸਤਿਗੁਰ ਸੇਵਾ ਸਫਲ ਹੈ ਬਣੀ॥		Sathigur Saevaa Safal Hai Banee ||	Service to the True Guru is fruitful and rewarding;	ਸਤਿਗੁਰੂ ਦੀ ਸਰਨ (ਮਨੁੱਖ ਦੇ ਆਤਮਕ ਜੀਵਨ ਵਾਸਤੇ) ਲਾਭਦਾਇਕ ਬਣ ਜਾਂਦੀ ਹੈ,
6944	165	ਜਿਤੁ ਮਿਲਿ ਹਰਿ ਨਾਮੁ ਧਿਆਇਆ ਹਰਿ ਧਣੀ॥	(ਧਣੀ) ਮਾਲਕ	Jith Mil Har Naam Dhhiaaeiaa Har Dhhanee ||	Meeting Him, I meditate on the Name of the Lord, the Lord Master.	ਕਿਉਂਕਿ ਇਸ (ਗੁਰ-ਸਰਨ) ਦੀ ਰਾਹੀਂ (ਸਾਧ ਸੰਗਤਿ ਵਿਚ) ਮਿਲ ਕੇ ਮਾਲਕ ਪ੍ਰਭੂ ਦਾ ਨਾਮ ਸਿਮਰਿਆ ਜਾ ਸਕਦਾ ਹੈ।
6945	165	ਜਿਨ ਹਰਿ ਜਪਿਆ ਤਿਨ ਪੀਛੈ ਛੂਟੀ ਘਣੀ॥੧॥	(ਘਣੀ) ਘਣੇਰੀ, ਬਹੁਤ	Jin Har Japiaa Thin Peeshhai Shhoottee Ghanee ||1||	So many are emancipated along with those who meditate on the Lord. ||1||	ਜਿਨ੍ਹਾਂ ਮਨੁੱਖਾਂ ਨੇ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਜਪਿਆ ਹੈ ਉਹਨਾਂ ਦੇ ਪੂਰਨਿਆਂ ਤੇ ਤੁਰ ਕੇ ਬਹੁਤ ਲੁਕਾਈ ਵਿਕਾਰਾਂ ਤੋਂ ਬਚ ਜਾਂਦੀ ਹੈ ॥੧॥
6946	165	ਗੁਰਸਿਖ ਹਰਿ ਬੋਲਹੁ ਮੇਰੇ ਭਾਈ॥		Gurasikh Har Bolahu Maerae Bhaaee ||	O GurSikhs, chant the Name of the Lord, O my Siblings of Destiny.	ਹੇ ਮੇਰੇ ਭਾਈ! ਗੁਰੂ ਦੇ ਸਿੱਖ ਬਣ ਕੇ (ਗੁਰੂ ਦੇ ਦੱਸੇ ਰਾਹ ਤੇ ਤੁਰ ਕੇ) ਪਰਮਾਤਮਾ ਦਾ ਸਿਮਰਨ ਕਰੋ।
6947	165	ਹਰਿ ਬੋਲਤ ਸਭ ਪਾਪ ਲਹਿ ਜਾਈ॥੧॥ਰਹਾਉ॥		Har Bolath Sabh Paap Lehi Jaaee ||1|| Rehaao ||	Chanting the Lord's Name, all sins are washed away. ||1||Pause||	(ਤਦੋਂ ਹੀ) ਪ੍ਰਭੂ ਦਾ ਨਾਮ ਸਿਮਰਿਆਂ ਹਰੇਕ ਕਿਸਮ ਦਾ ਪਾਪ (ਮਨ ਤੋਂ) ਦੂਰ ਹੋ ਜਾਂਦਾ ਹੈ ॥੧॥ ਰਹਾਉ ॥

6948	165	ਜਬ ਗੁਰੁ ਮਿਲਿਆ ਤਬ ਮਨੁ ਵਸਿ ਆਇਆ॥		Jab Gur Miliaa Thab Man Vas Aaeiaa ||	When one meets the Guru, then the mind becomes centered.	ਜਦੋਂ (ਮਨੁੱਖ ਨੂੰ) ਗੁਰੂ ਮਿਲ ਪੈਂਦਾ ਹੈ ਤਦੋਂ (ਇਸ ਦਾ) ਮਨ ਵੱਸ ਵਿਚ ਆ ਜਾਂਦਾ ਹੈ।
6949	165	ਧਾਵਤ ਪੰਚ ਰਹੇ ਹਰਿ ਧਿਆਇਆ॥	(ਧਾਵਤ) ਦੌੜਦੇ	Dhhaavath Panch Rehae Har Dhhiaaeiaa ||	The five passions, running wild, are brought to rest by meditating on the Lord.	(ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਸਿਮਰਨ ਕਰਦਿਆਂ (ਮਨੁੱਖ ਦੇ) ਪੰਜੇ (ਗਿਆਨ-ਇੰਦ੍ਰੇ ਵਿਕਾਰਾਂ ਵਲ) ਦੌੜਨੋਂ ਰਹਿ ਜਾਂਦੇ ਹਨ,
6950	165	ਅਨ ਦਿਨੁ ਨਗਰੀ ਹਰਿ ਗੁਣ ਗਾਇਆ॥੨॥	ਦੇਹ ਰੂਪੀ ਨੱਗਰੀ	Anadhin Nagaree Har Gun Gaaeiaa ||2||	Night and day, within the body-village, the Glorious Praises of the Lord are sung. ||2||	ਤੇ ਸਰੀਰ ਦਾ ਮਾਲਕ ਜੀਵਾਤਮਾ ਹਰ ਰੋਜ਼ ਪਰਮਾਤਮਾ ਦੇ ਗੁਣ ਗਾਂਦਾ ਹੈ ॥੨॥
6951	165	ਸਤਿਗੁਰ ਪਗ ਧੂਰਿ ਜਿਨਾ ਮੁਖਿ ਲਾਈ॥	ਪਗ:ਪੋਲਾ ਬੋਲੋ। (ਪਗ) ਚਰਨ	Sathigur Pag Dhhoor Jinaa Mukh Laaee ||	Those who apply the dust of the Feet of the True Guru to their faces,	ਜਿਨ੍ਹਾਂ (ਵਡ-ਭਾਗੀਆਂ) ਨੇ ਗੁਰੂ ਦੇ ਚਰਨਾਂ ਦੀ ਧੂੜ ਆਪਣੇ ਮੱਥੇ ਉਤੇ ਲਾ ਲਈ,
6952	165	ਤਿਨ ਕੂੜ ਤਿਆਗੇ ਹਰਿ ਲਿਵ ਲਾਈ॥		Thin Koorr Thiaagae Har Liv Laaee ||	Renounce falsehood and enshrine love for the Lord.	ਉਹਨਾਂ ਨੇ ਝੂਠੇ ਮੋਹ ਛੱਡ ਦਿੱਤੇ ਤੇ ਪਰਮਾਤਮਾ ਦੇ ਚਰਨਾਂ ਵਿਚ ਆਪਣੀ ਸੁਰਤ ਜੋੜ ਲਈ।

6953	165	ਤੇ ਹਰਿ ਦਰਗਹ ਮੁਖ ਊਜਲ ਭਾਈ॥੩॥		Thae Har Dharageh Mukh Oojal Bhaaee ||3||	Their faces are radiant in the Court of the Lord, O Siblings of Destiny. ||3||	ਪਰਮਾਤਮਾ ਦੀ ਹਜ਼ੂਰੀ ਵਿਚ ਉਹ ਮਨੁੱਖ ਸੁਰਖ਼ਰੂ ਹੁੰਦੇ ਹਨ ॥੩॥
6954	165	ਗੁਰ ਸੇਵਾ ਆਪਿ ਹਰਿ ਭਾਵੈ॥		Gur Saevaa Aap Har Bhaavai ||	Service to the Guru is pleasing to the Lord Himself.	ਗੁਰੂ ਦੀ ਸਰਨ (ਪੈਣਾ) ਪਰਮਾਤਮਾ ਨੂੰ ਭੀ ਚੰਗਾ ਲੱਗਦਾ ਹੈ।
6955	165	ਕ੍ਰਿਸਨੁ ਬਲਭਦ੍ਰੁ ਗੁਰ ਪਗ ਲਗਿ ਧਿਆਵੈ॥	ਸ੍ਰੀ ਕ੍ਰਿਸ਼ਨ ਜੀ ਦੇ ਭਰਾ ਬਲਭੱਦ੍ਰ ਜੀ। ਪਗ: ਪੋਲਾ ਬੋਲੋ	Kirasan Balabhadhra Gur Pag Lag Dhhiaavai ||	Even Krishna and Balbhadar meditated on the Lord, falling at the Guru's Feet.	ਕ੍ਰਿਸ਼ਨ (ਭੀ) ਗੁਰੂ ਦੀ ਚਰਨੀਂ ਲੱਗ ਕੇ ਪਰਮਾਤਮਾ ਨੂੰ ਸਿਮਰਦਾ ਰਿਹਾ, ਬਲਭੱਦ੍ਰ ਭੀ ਗੁਰੂ ਦੀ ਚਰਨੀਂ ਲੱਗ ਕੇ ਹਰਿ-ਨਾਮ ਧਿਆਉਂਦਾ ਸੀ।
6956	165	ਨਾਨਕ ਗੁਰਮੁਖਿ ਹਰਿ ਆਪਿ ਤਰਾਵੈ॥੪॥੫॥੪੩॥		Naanak Guramukh Har Aap Tharaavai ||4||5||43||	O Nanak, the Lord Himself saves the Gurmukhs. ||4||5||43||	ਹੇ ਨਾਨਕ! ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਸ ਨੂੰ ਪਰਮਾਤਮਾ ਆਪ (ਵਿਕਾਰਾਂ ਦੇ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੪॥੫॥੪੩॥
6957	165	ਗਉੜੀ ਗੁਆਰੇਰੀ ਮਹਲਾ ੪॥		Gourree Guaaraeree Mehalaa 4 ||	Gauree Gwaarayree, Fourth Mehl:	
6958	165	ਹਰਿ ਆਪੇ ਜੋਗੀ ਡੰਡਾ ਧਾਰੀ॥	(ਡੰਡਾ ਧਾਰੀ) ਹੁਕਮ ਰੂਪੀ ਡੰਡੇ ਨੂੰ ਧਾਰਨ ਵਾਲੇ	Har Aapae Jogee Ddanddaadhhaare ||	The Lord Himself is the Yogi, who wields the staff of authority.	ਹੱਥ ਵਿਚ ਡੰਡਾ ਰੱਖਣ ਵਾਲਾ ਜੋਗੀ ਭੀ ਪਰਮਾਤਮਾ ਆਪ ਹੀ ਹੈ,

6959	165	ਹਰਿ ਆਪੇ ਰਵਿ ਰਹਿਆ ਬਨਵਾਰੀ॥	ਕੋਟਿ ਬ੍ਰਹਮੰਡ ਦੀ ਰਚਨਾ ਰੂਪੀ ਬਾਗ਼ ਦੇ (ਬਨਵਾਰੀ) ਮਾਲੀ ਵਾਹਿਗੁਰੂ ਜੀ	Har Aapae Rav Rehiaa Banavaaree ||	The Lord Himself practices tapa - intense self-disciplined meditation;	ਕਿਉਂਕਿ ਉਹ ਹਰੀ-ਪਰਮਾਤਮਾ ਆਪ ਹੀ (ਹਰ ਥਾਂ) ਵਿਆਪਕ ਹੋ ਰਿਹਾ ਹੈ।
6960	165	ਹਰਿ ਆਪੇ ਤਪੁ ਤਾਪੈ ਲਾਇ ਤਾਰੀ॥੧॥	ਤੱਾਪੈ	Har Aapae Thap Thaapai Laae Thaaree ||1||	He is deeply absorbed in His primal trance. ||1||	(ਤਪੀਆਂ ਵਿਚ ਵਿਆਪਕ ਹੋ ਕੇ) ਹਰੀ ਆਪ ਹੀ ਤਾੜੀ ਲਾ ਕੇ ਤਪ-ਸਾਧਨ ਕਰ ਰਿਹਾ ਹੈ ॥੧॥
6961	165	ਐਸਾ ਮੇਰਾ ਰਾਮੁ ਰਹਿਆ ਭਰਪੂਰਿ॥		Aisaa Maeraa Raam Rehiaa Bharapoor ||	Such is my Lord, who is all-pervading everywhere.	(ਹੇ ਭਾਈ!) ਮੇਰਾ ਰਾਮ ਇਹੋ ਜਿਹਾ ਹੈ ਕਿ ਉਹ ਹਰ ਥਾਂ ਮੌਜੂਦ ਹੈ।
6962	165	ਨਿਕਟਿ ਵਸੈ ਨਾਹੀ ਹਰਿ ਦੂਰਿ॥੧॥ਰਹਾਉ॥		Nikatt Vasai Naahee Har Dhoor ||1|| Rehaao ||	He dwells near at hand - the Lord is not far away. ||1||Pause||	ਉਹ (ਹਰੇਕ ਜੀਵ ਦੇ) ਨੇੜੇ ਵੱਸਦਾ ਹੈ (ਕਿਸੇ ਭੀ ਥਾਂ ਤੋਂ) ਉਹ ਹਰੀ ਦੂਰ ਨਹੀਂ ਹੈ ॥੧॥ ਰਹਾਉ ॥
6963	165	ਹਰਿ ਆਪੇ ਸਬਦੁ ਸੁਰਤਿ ਧੁਨਿ ਆਪੇ॥		Har Aapae Sabadh Surath Dhhun Aapae ||	The Lord Himself is the Word of the Shabad. He Himself is the awareness, attuned to its music.	ਪਰਮਾਤਮਾ ਆਪ ਹੀ ਸ਼ਬਦ ਹੈ ਆਪ ਹੀ ਸੁਰਤ ਹੈ ਆਪ ਹੀ ਲਗਨ ਹੈ।
6964	165	ਹਰਿ ਆਪੇ ਵੇਖੈ ਵਿਗਸੈ ਆਪੇ॥		Har Aapae Vaekhai Vigasai Aapae ||	The Lord Himself beholds, and He Himself blossoms forth.	ਪਰਮਾਤਮਾ ਆਪ ਹੀ (ਸਭ ਜੀਵਾਂ ਵਿਚ ਬੈਠਾ ਇਹ ਜਗਤ-ਤਮਾਸ਼ਾ) ਵੇਖ ਰਿਹਾ ਹੈ (ਤੇ, ਆਪ ਹੀ ਇਹ ਤਮਾਸ਼ਾ ਵੇਖ ਕੇ) ਖ਼ੁਸ਼ ਹੋ ਰਿਹਾ ਹੈ।

6965	165	ਹਰਿ ਆਪਿ ਜਪਾਇ ਆਪੇ ਹਰਿ ਜਾਪੇ॥੨॥		Har Aap Japaae Aapae Har Jaapae ||2||	The Lord Himself chants, and the Lord Himself inspires others to chant. ||2||	ਪਰਮਾਤਮਾ ਆਪ ਹੀ (ਸਭ ਵਿਚ ਬੈਠ ਕੇ ਆਪਣਾ ਨਾਮ) ਜਪ ਰਿਹਾ ਹੈ ॥੨॥
6966	165	ਹਰਿ ਆਪੇ ਸਾਰਿੰਗ ਅੰਮ੍ਰਿਤਧਾਰਾ॥	(ਅੰਮ੍ਰਿਤਧਾਰਾ) ਸੁਆਂਤੀ ਬੂੰਦ	Har Aapae Saaring Anmrithadhhaaraa ||	He Himself is the rainbird, and the Ambrosial Nectar raining down.	ਪਰਮਾਤਮਾ ਆਪ ਹੀ ਪਪੀਹਾ ਹੈ (ਤੇ ਆਪ ਹੀ ਉਸ ਪਪੀਹੇ ਵਾਸਤੇ) ਵਰਖਾ ਦੀ ਧਾਰ ਹੈ।
6967	165	ਹਰਿ ਅੰਮ੍ਰਿਤੁ ਆਪਿ ਪੀਆਵਣਹਾਰਾ॥	ਪੀਆਵਣ-ਹਾਰਾ	Har Anmrith Aap Peeaavanehaaraa ||	The Lord is the Ambrosial Nectar; He Himself leads us to drink it in.	ਪਰਮਾਤਮਾ ਆਪ ਹੀ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਹੈ, ਤੇ ਆਪ ਹੀ ਉਹ (ਜੀਵਾਂ ਨੂੰ ਅੰਮ੍ਰਿਤ) ਪਿਲਾਣ ਵਾਲਾ ਹੈ।
6968	165	ਹਰਿ ਆਪਿ ਕਰੇ ਆਪੇ ਨਿਸਤਾਰਾ॥੩॥	(ਨਿਸਤਾਰਾ) ਮੁਕਤ	Har Aap Karae Aapae Nisathaaraa ||3||	The Lord Himself is the Doer; He Himself is our Saving Grace. ||3||	ਪ੍ਰਭੂ ਆਪ ਹੀ (ਜਗਤ ਦੇ ਜੀਵਾਂ ਨੂੰ) ਪੈਦਾ ਕਰਦਾ ਹੈ ਤੇ ਆਪ ਹੀ (ਜੀਵਾਂ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾਂਦਾ ਹੈ ॥੩॥
6969	165	ਹਰਿ ਆਪੇ ਬੇੜੀ ਤੁਲਹਾ ਤਾਰਾ॥	(ਤਾਰਾ) ਮਲਾਹ। ਤੁਲਹਾ: ਪੋਲਾ ਬੋਲੋ	Har Aapae Baerree Thulehaa Thaaraa ||	The Lord Himself is the Boat, the Raft and the Boatman.	ਪਰਮਾਤਮਾ ਆਪ (ਜੀਵਾਂ ਦੇ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ) ਬੇੜੀ ਹੈ ਤੁਲਹਾ ਹੈ, ਤੇ ਆਪ ਹੀ ਪਾਰ ਲੰਘਾਣ ਵਾਲਾ ਹੈ।
6970	165	ਹਰਿ ਆਪੇ ਗੁਰਮਤੀ ਨਿਸਤਾਰਾ॥		Har Aapae Guramathee Nisathaaraa ||	The Lord Himself, through the Guru's Teachings, saves us.	ਪ੍ਰਭੂ ਆਪ ਹੀ ਗੁਰੂ ਦੀ ਮਤਿ ਤੇ ਤੋਰ ਕੇ ਵਿਕਾਰਾਂ ਤੋਂ ਬਚਾਂਦਾ ਹੈ।

6971	165	ਹਰਿ ਆਪੇ ਨਾਨਕ ਪਾਵੈ ਪਾਰਾ॥੪॥੬॥੪੪॥		Har Aapae Naanak Paavai Paaraa ||4||6||44||	O Nanak, the Lord Himself carries us across to the other side. ||4||6||44||	ਹੇ ਨਾਨਕ! ਪਰਮਾਤਮਾ ਆਪ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘਾਂਦਾ ਹੈ ॥੪॥੬॥੪੪॥
6972	165	ਗਉੜੀ ਬੈਰਾਗਣਿ ਮਹਲਾ ੪॥		Gourree Bairaagan Mehalaa 4 ||	Gauree Bairaagan, Fourth Mehl:	
6973	165	ਸਾਹੁ ਹਮਾਰਾ ਤੂੰ ਧਣੀ ਜੈਸੀ ਤੂੰ ਰਾਸਿ ਦੇਹਿ ਤੈਸੀ ਹਮ ਲੇਹਿ॥	(ਸਾਹੁ) ਸ਼ਾਹ। (ਧਣੀ) ਮਾਲਕ। (ਰਾਸਿ) ਪੂੰਜੀ	Saahu Hamaaraa Thoon Dhhanee Jaisee Thoon Raas Dhaehi Thaisee Ham Laehi ||	O Master, You are my Banker. I receive only that capital which You give me.	ਹੇ ਪ੍ਰਭੂ! ਤੂੰ ਸਾਡਾ ਸ਼ਾਹ ਹੈਂ ਤੂੰ ਸਾਡਾ ਮਾਲਕ ਹੈਂ, ਤੂੰ ਸਾਨੂੰ ਜਿਹੋ ਜਿਹਾ ਸਰਮਾਇਆ ਦੇਂਦਾ ਹੈਂ, ਉਹੋ ਜਿਹਾ ਸਰਮਾਇਆ ਅਸੀਂ ਲੈ ਲੈਂਦੇ ਹਾਂ।
6974	165	ਹਰਿ ਨਾਮੁ ਵਣੰਜਹ ਰੰਗ ਸਿਉ ਜੇ ਆਪਿ ਦਇਆਲੁ ਹੋਇ ਦੇਹਿ॥੧॥	(ਵਣੰਜਹ) ਵਪਾਰ ਕਰਦੇ। (ਰੰਗ) ਪ੍ਰੇਮ	Har Naam Vananjeh Rang Sio Jae Aap Dhaeiaal Hoe Dhaehi ||1||	I would purchase the Lord's Name with love, if You Yourself, in Your Mercy, would sell it to me. ||1||	ਜੇ ਤੂੰ ਆਪ ਮਿਹਰਵਾਨ ਹੋ ਕੇ (ਸਾਨੂੰ ਆਪਣੇ ਨਾਮ ਦਾ ਸਰਮਾਇਆ) ਦੇਵੇਂ ਤਾਂ ਅਸੀਂ ਪਿਆਰ ਨਾਲ ਤੇਰੇ ਨਾਮ ਦਾ ਵਪਾਰ ਕਰਨ ਲੱਗ ਪੈਂਦੇ ਹਾਂ ॥੧॥
6975	165	ਹਮ ਵਣਜਾਰੇ ਰਾਮ ਕੇ॥		Ham Vanajaarae Raam Kae ||	I am the merchant, the peddler of the Lord.	ਹੇ ਭਾਈ! ਅਸੀਂ ਜੀਵ ਪਰਮਾਤਮਾ (ਸ਼ਾਹੂਕਾਰ) ਦੇ (ਭੇਜੇ ਹੋਏ) ਵਪਾਰੀ ਹਾਂ।

6976	165	ਹਰਿ ਵਣਜੁ ਕਰਾਵੈ ਦੇ ਰਾਸਿ ਰੇ॥੧॥ਰਹਾਉ॥		Har Vanaj Karaavai Dhae Raas Rae ||1|| Rehaao ||	I trade in the merchandise and capital of the Lord's Name. ||1||Pause||	ਉਹ ਸ਼ਾਹ (ਆਪਣੇ ਨਾਮ ਦਾ) ਸਰਮਾਇਆ ਦੇ ਕੇ (ਅਸਾਂ ਜੀਵਾਂ ਪਾਸੋਂ) ਵਪਾਰ ਕਰਾਂਦਾ ਹੈ ॥੧॥ ਰਹਾਉ ॥
6977	165	ਲਾਹਾ ਹਰਿ ਭਗਤਿ ਧਨੁ ਖਟਿਆ ਹਰਿ ਸਚੇ ਸਾਹ ਮਨਿ ਭਾਇਆ॥	ਖੱਟਿਆ	Laahaa Har Bhagath Dhhan Khattiaa Har Sachae Saah Man Bhaaeiaa ||	I have earned the profit, the wealth of devotional worship of the Lord. I have become pleasing to the Mind of the Lord, the True Banker.	(ਜਿਸ ਜੀਵ-ਵਣਜਾਰੇ ਨੇ) ਪਰਮਾਤਮਾ ਦੀ ਭਗਤੀ ਦੀ ਖੱਟੀ ਖੱਟੀ ਹੈ ਪਰਮਾਤਮਾ ਦਾ ਨਾਮ-ਧਨ ਖੱਟਿਆ ਹੈ, ਉਹ ਉਸ ਸਦਾ ਕਾਇਮ ਰਹਿਣ ਵਾਲੇ ਸ਼ਾਹ-ਪ੍ਰਭੂ ਦੇ ਮਨ ਵਿਚ ਪਿਆਰਾ ਲੱਗਦਾ ਹੈ।
6978	165	ਹਰਿ ਜਪਿ ਹਰਿ ਵਖਰੁ ਲਦਿਆ ਜਮੁ ਜਾਗਾਤੀ ਨੇੜਿ ਨ ਆਇਆ॥੨॥	(ਵੱਖਰੁ) ਸੌਦਾ। ਲੱਦਿਆ	Har Jap Har Vakhar Ladhiaa Jam Jaagaathee Naerr N Aaeiaa ||2||	I chant and meditate on the Lord, loading the merchandise of the Lord's Name. The Messenger of Death, the tax collector, does not even approach me. ||2||	(ਜਿਸ ਜੀਵ-ਵਪਾਰੀ ਨੇ) ਪਰਮਾਤਮਾ ਦਾ ਨਾਮ ਜਪ ਕੇ ਪਰਮਾਤਮਾ ਦੇ ਨਾਮ ਦਾ ਸੌਦਾ ਵਿਹਾਝਿਆ ਹੈ, ਜਮ-ਮਸੂਲੀਆ ਉਸ ਦੇ ਨੇੜੇ ਭੀ ਨਹੀਂ ਢੁਕਦਾ ॥੨॥
6979	165	ਹੋਰੁ ਵਣਜੁ ਕਰਹਿ ਵਾਪਾਰੀਏ ਅਨੰਤ ਤਰੰਗੀ ਦੁਖੁ ਮਾਇਆ॥		Hor Vanaj Karehi Vaapaareeeae Ananth Tharangee Dhukh Maaeiaa ||	Those traders who trade in other merchandise, are caught up in the endless waves of the pain of Maya.	ਪਰ ਜੇਹੜੇ ਜੀਵ-ਵਣਜਾਰੇ (ਪ੍ਰਭੂ-ਨਾਮ ਤੋਂ ਬਿਨਾ) ਹੋਰ ਹੋਰ ਵਣਜ ਕਰਦੇ ਹਨ, ਉਹ ਮਾਇਆ ਦੇ ਮੋਹ ਦੀਆਂ ਬੇਅੰਤ ਲਹਰਾਂ ਵਿਚ ਫਸ ਕੇ ਦੁਖ ਸਹਾਰਦੇ ਰਹਿੰਦੇ ਹਨ।

6980	165	ਓਇ ਜੇਹੈ ਵਣਜਿ ਹਰਿ ਲਾਇਆ ਫਲੁ ਤੇਹਾ ਤਿਨ ਪਾਇਆ॥੩॥		Oue Jaehai Vanaj Har Laaeiaa Fal Thaehaa Thin Paaeiaa ||3||	According to the business in which the Lord has placed them, so are the rewards they obtain. ||3||	(ਉਹਨਾਂ ਦੇ ਭੀ ਕੀਹ ਵੱਸ?) ਜਿਹੋ ਜਿਹੇ ਵਣਜ ਵਿਚ ਪਰਮਾਤਮਾ ਨੇ ਉਹਨਾਂ ਨੂੰ ਲਾ ਦਿੱਤਾ ਹੈ, ਉਹੋ ਜਿਹਾ ਹੀ ਫਲ ਉਹਨਾਂ ਨੇ ਪਾ ਲਿਆ ਹੈ ॥੩॥
6981	165	ਹਰਿ ਹਰਿ ਵਣਜੁ ਸੋ ਜਨੁ ਕਰੇ ਜਿਸੁ ਕ੍ਰਿਪਾਲੁ ਹੋਇ ਪ੍ਰਭੁ ਦੇਈ॥		Har Har Vanaj So Jan Karae Jis Kirapaal Hoe Prabh Dhaeee ||	People trade in the Name of the Lord, Har, Har, when the God shows His Mercy and bestows it.	ਪਰਮਾਤਮਾ ਦੇ ਨਾਮ ਦਾ ਵਪਾਰ ਉਹੀ ਮਨੁੱਖ ਕਰਦਾ ਹੈ ਜਿਸ ਨੂੰ ਪਰਮਾਤਮਾ ਆਪ ਮਿਹਰਵਾਨ ਹੋ ਕੇ ਦੇਂਦਾ ਹੈ।
6982	165	ਜਨ ਨਾਨਕ ਸਾਹੁ ਹਰਿ ਸੇਵਿਆ ਫਿਰਿ ਲੇਖਾ ਮੂਲਿ ਨ ਲੇਈ॥੪॥੧॥੭॥੪੫॥		Jan Naanak Saahu Har Saeviaa Fir Laekhaa Mool N Laeee ||4||1||7||45||	Servant Nanak serves the Lord, the Banker; he shall never again be called to render his account. ||4||1||7||45||	ਹੇ ਦਾਸ ਨਾਨਕ! ਜਿਸ ਮਨੁੱਖ ਨੇ (ਸਭ ਦੇ) ਸ਼ਾਹ ਪਰਮਾਤਮਾ ਦੀ ਸੇਵਾ-ਭਗਤੀ ਕੀਤੀ ਹੈ, ਉਸ ਪਾਸੋਂ ਉਹ ਸ਼ਾਹ-ਪ੍ਰਭੂ ਕਦੇ ਭੀ (ਉਸ ਦੇ ਵਣਜ-ਵਪਾਰ ਦਾ) ਲੇਖਾ ਨਹੀਂ ਮੰਗਦਾ ॥੪॥੧॥੭॥੪੫॥
6983	165	ਗਉੜੀ ਬੈਰਾਗਣਿ ਮਹਲਾ ੪॥		Gourree Bairaagan Mehalaa 4 ||	Gauree Bairaagan, Fourth Mehl:	

6984	165	ਜਿਉ ਜਨਨੀ ਗਰਭੁ ਪਾਲਤੀ ਸੁਤ ਕੀ ਕਰਿ ਆਸਾ॥	(ਜਨਨੀ) ਮਾਤਾ। (ਸੁੱਤ) ਸਪੁੱਤ੍ਰ	Jio Jananee Garabh Paalathee Suth Kee Kar Aasaa ||	The mother nourishes the fetus in the womb, hoping for a son,	ਜਿਵੇਂ ਕੋਈ ਮਾਂ ਪੁੱਤਰ (ਜੰਮਣ) ਦੀ ਆਸ ਰੱਖ ਕੇ (ਨੌ ਮਹੀਨੇ ਆਪਣੀ) ਕੁੱਖ ਦੀ ਸੰਭਾਲ ਕਰਦੀ ਰਹਿੰਦੀ ਹੈ,
6985	165	ਵਡਾ ਹੋਇ ਧਨੁ ਖਾਟਿ ਦੇਇ ਕਰਿ ਭੋਗ ਬਿਲਾਸਾ॥	(ਭੋਗ) ਅਨੰਦ (ਬਿਲਾਸਾ) ਖੁਸ਼ੀਆਂ (ਕਰਿ) ਮਾਨਣ ਲਈ	Vaddaa Hoe Dhhan Khaatt Dhaee Kar Bhog Bilaasaa ||	Who will grow and earn and give her money to enjoy herself.	(ਉਹ ਆਸ ਕਰਦੀ ਹੈ ਕਿ ਮੇਰਾ ਪੁੱਤਰ) ਵੱਡਾ ਹੋ ਕੇ ਧਨ ਖੱਟ-ਕਮਾ ਕੇ ਸਾਡੇ ਸੁਖ ਆਨੰਦ ਵਾਸਤੇ ਸਾਨੂੰ (ਲਿਆ ਕੇ) ਦੇਵੇਗਾ,
6986	165	ਤਿਉ ਹਰਿ ਜਨ ਪ੍ਰੀਤਿ ਹਰਿ ਰਾਖਦਾ ਦੇ ਆਪਿ ਹਥਾਸਾ॥੧॥	(ਹਥਾਸਾ) ਹੱਥ ਦਾ ਸਹਾਰਾ	Thio Har Jan Preeth Har Raakhadhaa Dhae Aap Hathhaasaa ||1||	In just the same way, the humble servant of the Lord loves the Lord, who extends His Helping Hand to us. ||1||	ਇਸੇ ਤਰ੍ਹਾਂ ਪਰਮਾਤਮਾ ਆਪਣੇ ਸੇਵਕਾਂ ਦੀ ਪ੍ਰੀਤਿ ਨੂੰ ਆਪ ਆਪਣਾ ਹੱਥ ਦੇ ਕੇ ਕਾਇਮ ਰੱਖਦਾ ਹੈ ॥੧॥
6987	166	ਮੇਰੇ ਰਾਮ ਮੈ ਮੂਰਖ ਹਰਿ ਰਾਖੁ ਮੇਰੇ ਗੁਸਈਆ॥	(ਗੁਸਈਂਆਂ) ਮਾਲਕ ਵਾਹਿਗੁਰੂ ਜੀ	Maerae Raam Mai Moorakh Har Raakh Maerae Guseeaa ||	O my Lord, I am so foolish; save me, O my Lord God!	ਹੇ ਮੇਰੇ ਰਾਮ! ਹੇ ਮੇਰੇ ਮਾਲਕ! ਹੇ ਹਰੀ! ਮੈਨੂੰ ਮੂਰਖ ਨੂੰ (ਆਪਣੀ ਸਰਨ ਵਿਚ) ਰੱਖ।
6988	166	ਜਨ ਕੀ ਉਪਮਾ ਤੁਝਹਿ ਵਡਈਆ॥੧॥ਰਹਾਉ॥	(ਉਪਮਾ) ਸ਼ੋਭਾ। ਵ-ਡਈਆ	Jan Kee Oupamaa Thujhehi Vaddeeaa ||1|| Rehaao ||	Your servant's praise is Your Own Glorious Greatness. ||1||Pause||	ਤੇਰੇ ਸੇਵਕ ਦੀ ਵਡਿਆਈ ਤੇਰੀ ਹੀ ਵਡਿਆਈ ਹੈ ॥੧॥ ਰਹਾਉ ॥

6989	166	ਮੰਦਰਿ ਘਰਿ ਆਨੰਦੁ ਹਰਿ ਹਰਿ ਜਸੁ ਮਨਿ ਭਾਵੈ॥		Mandhar Ghar Aanandh Har Har Jas Man Bhaavai ||	Those whose minds are pleased by the Praises of the Lord, Har, Har, are joyful in the palaces of their own homes.	ਜਿਸ ਮਨੁੱਖ ਨੂੰ ਆਪਣੇ ਮਨ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਪਿਆਰੀ ਲੱਗਦੀ ਹੈ, ਉਸ ਦੇ ਹਿਰਦੇ-ਮੰਦਰ ਵਿਚ ਹਿਰਦੇ-ਘਰ ਵਿਚ (ਸਦਾ) ਆਨੰਦ ਬਣਿਆ ਰਹਿੰਦਾ ਹੈ।
6990	166	ਸਭ ਰਸ ਮੀਠੇ ਮੁਖਿ ਲਗਹਿ ਜਾ ਹਰਿ ਗੁਣ ਗਾਵੈ॥		Sabh Ras Meethae Mukh Lagehi Jaa Har Gun Gaavai ||	Their mouths savor all the sweet delicacies when they sing the Glorious Praises of the Lord.	ਜਦੋਂ ਉਹ ਹਰੀ ਦੇ ਗੁਣ ਗਾਂਦਾ ਹੈ (ਉਸ ਨੂੰ ਇਉਂ ਜਾਪਦਾ ਹੈ ਜਿਵੇਂ) ਸਾਰੇ ਸੁਆਦਲੇ ਮਿੱਠੇ ਰਸ ਉਸ ਦੇ ਮੂੰਹ ਵਿਚ ਪੈ ਰਹੇ ਹਨ।
6991	166	ਹਰਿ ਜਨੁ ਪਰਵਾਰੁ ਸਧਾਰੁ ਹੈ ਇਕੀਹ ਕੁਲੀ ਸਭੁ ਜਗਤੁ ਛਡਾਵੈ॥੨॥	ਇੱਕੀਹ। ਕੁਲੀ: ਪੋਲਾ ਬੋਲੋ। ਜੱਗ-ਤੁ	Har Jan Paravaar Sadhhaar Hai Eikeeh Kulee Sabh Jagath Shhaddaavai ||2||	The Lord's humble servants are the saviors of their families; they save their families for twenty-one generations - they save the entire world! ||2||	ਪਰਮਾਤਮਾ ਦਾ ਸੇਵਕ-ਭਗਤ ਆਪਣੀਆਂ ਇੱਕੀ ਕੁਲਾਂ ਵਿਚ ਰਾਖਾ ਹੈ ਆਸਰਾ ਹੈ, ਪਰਮਾਤਮਾ ਦਾ ਸੇਵਕ ਸਾਰੇ ਜਗਤ ਨੂੰ ਹੀ (ਵਿਕਾਰਾਂ ਤੋਂ) ਬਚਾ ਲੈਂਦਾ ਹੈ ॥੨॥
6992	166	ਜੋ ਕਿਛੁ ਕੀਆ ਸੋ ਹਰਿ ਕੀਆ ਹਰਿ ਕੀ ਵਡਿਆਈ॥		Jo Kishh Keeaa So Har Keeaa Har Kee Vaddiaaee ||	Whatever has been done, has been done by the Lord; it is the Glorious Greatness of the Lord.	ਇਹ ਸਾਰਾ ਹੀ ਜਗਤ ਜੋ ਬਣਿਆ ਦਿੱਸਦਾ ਹੈ ਇਹ ਸਾਰਾ ਪਰਮਾਤਮਾ ਨੇ ਹੀ ਪੈਦਾ ਕੀਤਾ ਹੈ, ਇਹ ਸਾਰਾ ਉਸੇ ਦਾ ਮਹਾਨ ਕੰਮ ਹੈ।

6993	166	ਹਰਿ ਜੀਅ ਤੇਰੇ ਤੂੰ ਵਰਤਦਾ ਹਰਿ ਪੂਜ ਕਰਾਈ॥		Har Jeea Thaerae Thoon Varathadhaa Har Pooj Karaaee ||	O Lord, in Your creatures, You are pervading; You inspire them to worship You.	ਹੇ ਹਰੀ! (ਜਗਤ ਦੇ ਸਾਰੇ) ਜੀਵ ਤੇਰੇ ਪੈਦਾ ਕੀਤੇ ਹੋਏ ਹਨ, (ਸਭਨਾਂ ਜੀਵਾਂ ਵਿਚ) ਤੂੰ ਹੀ ਤੂੰ ਮੌਜੂਦ ਹੈਂ। (ਹੇ ਭਾਈ! ਸਭ ਜੀਵਾਂ ਪਾਸੋਂ) ਪਰਮਾਤਮਾ (ਆਪ ਹੀ ਆਪਣੀ) ਪੂਜਾ-ਭਗਤੀ ਕਰਾ ਰਿਹਾ ਹੈ।
6994	166	ਹਰਿ ਭਗਤਿ ਭੰਡਾਰ ਲਹਾਇਦਾ ਆਪੇ ਵਰਤਾਈ ॥੩॥	(ਲਹਾਇਦਾ) ਪ੍ਰਾਪਤ ਕਰਾਉਂਦੇ	Har Bhagath Bhanddaar Lehaaeidhaa Aapae Varathaaee ||3||	The Lord leads us to the treasure of devotional worship; He Himself bestows it. ||3||	ਪਰਮਾਤਮਾ ਆਪ ਹੀ ਆਪਣੀ ਭਗਤੀ ਦੇ ਖ਼ਜ਼ਾਨੇ (ਸਭ ਜੀਵਾਂ ਨੂੰ) ਦਿਵਾਂਦਾ ਹੈ, ਆਪ ਹੀ ਵੰਡਦਾ ਹੈ ॥੩॥
6995	166	ਲਾਲਾ ਹਾਟਿ ਵਿਹਾਝਿਆ ਕਿਆ ਤਿਸੁ ਚਤੁਰਾਈ॥	(ਲੱਾਲਾ) ਗੁਲਾਮ (ਹਾਟਿ) ਹੱਟ ਤੋਂ (ਵਿਹਾਝਿਆ) ਖ਼੍ਰੀਦਿਆ	Laalaa Haatt Vihaajhiaa Kiaa This Chathuraaee ||	I am a slave, purchased in Your market; what clever tricks do I have?	ਜੇ ਕੋਈ ਗ਼ੁਲਾਮ ਮੰਡੀ ਵਿਚੋਂ ਖ਼ਰੀਦਿਆ ਹੋਇਆ ਹੋਵੇ, ਉਸ (ਗ਼ੁਲਾਮ) ਦੀ (ਆਪਣੇ ਮਾਲਕ ਦੇ ਸਾਹਮਣੇ) ਕੋਈ ਚਾਲਾਕੀ ਨਹੀਂ ਚੱਲ ਸਕਦੀ।

6996	166	ਜੇ ਰਾਜਿ ਬਹਾਲੇ ਤਾ ਹਰਿ ਗੁਲਾਮੁ ਘਾਸੀ ਕਉ ਹਰਿ ਨਾਮੁ ਕਢਾਈ॥		Jae Raaj Behaalae Thaa Har Gulaam Ghaasee Ko Har Naam Kadtaaee ||	If the Lord were to set me upon a throne, I would still be His slave. If I were a grass-cutter, I would still chant the Lord's Name.	(ਪਰਮਾਤਮਾ ਦਾ ਸੇਵਕ-ਭਗਤ ਸਤਸੰਗ ਦੀ ਹੱਟੀ ਵਿਚੋਂ ਪਰਮਾਤਮਾ ਦਾ ਆਪਣਾ ਬਣਾਇਆ ਹੋਇਆ ਹੁੰਦਾ ਹੈ, ਉਸ ਸੇਵਕ ਨੂੰ) ਜੇ ਪਰਮਾਤਮਾ ਰਾਜ-ਤਖ਼ਤ ਉਤੇ ਬਿਠਾ ਦੇਵੇ ਤਾਂ ਭੀ ਉਹ ਪਰਮਾਤਮਾ ਦਾ ਗ਼ੁਲਾਮ ਹੀ ਰਹਿੰਦਾ ਹੈ (ਆਪਣੇ ਬਣਾਏ ਹੋਏ ਸੇਵਕ) ਘਸਿਆਰੇ ਦੇ ਮੂੰਹੋਂ ਭੀ ਪਰਮਾਤਮਾ ਹਰਿ-ਨਾਮ ਹੀ ਜਪਾਂਦਾ ਹੈ।
6997	166	ਜਨੁ ਨਾਨਕੁ ਹਰਿ ਕਾ ਦਾਸੁ ਹੈ ਹਰਿ ਕੀ ਵਡਿਆਈ॥੪॥੨॥੮॥੪੬॥		Jan Naanak Har Kaa Dhaas Hai Har Kee Vaddiaaee ||4||2||8||46||	Servant Nanak is the slave of the Lord; contemplate the Glorious Greatness of the Lord||4||2||8||46||	(ਹੇ ਭਾਈ!) ਦਾਸ ਨਾਨਕ ਪਰਮਾਤਮਾ ਦਾ (ਖ਼ਰੀਦਿਆ ਹੋਇਆ) ਗ਼ੁਲਾਮ ਹੈ, ਇਹ ਪਰਮਾਤਮਾ ਦੀ ਮਿਹਰ ਹੈ (ਕਿ ਉਸ ਨੇ ਨਾਨਕ ਨੂੰ ਆਪਣਾ ਗ਼ੁਲਾਮ ਬਣਾਇਆ ਹੋਇਆ ਹੈ) ॥੪॥੨॥੮॥੪੬॥
6998	166	ਗਉੜੀ ਗੁਆਰੇਰੀ ਮਹਲਾ ੪॥		Gourree Guaaraeree Mehalaa 4 ||	Gauree Bairaagan, Fourth Mehl:	
6999	166	ਕਿਰਸਾਣੀ ਕਿਰਸਾਣੁ ਕਰੇ ਲੋਚੈ ਜੀਉ ਲਾਇ॥		Kirasaanee Kirasaan Karae Lochai Jeeo Laae ||	The farmers love to work their farms;	ਕਿਸਾਨ ਖੇਤੀ ਦਾ ਕੰਮ ਜੀ ਲਾ ਕੇ (ਪੂਰੀ ਮਿਹਨਤ ਨਾਲ) ਕਰਦਾ ਹੈ,

7000	166	ਹਲੁ ਜੋਤੈ ਉਦਮੁ ਕਰੇ ਮੇਰਾ ਪੁਤੁ ਧੀ ਖਾਇ॥		Hal Jothai Oudham Karae Maeraa Puth Dhhee Khaae ||	They plow and work the fields, so that their sons and daughters may eat.	ਹਲ ਵਾਹੁੰਦਾ ਹੈ ਉੱਦਮ ਕਰਦਾ ਹੈ ਤੇ ਤਾਂਘ ਕਰਦਾ ਹੈ (ਕਿ ਫ਼ਸਲ ਚੰਗਾ ਲੱਗੇ, ਤਾਂ ਜੁ) ਮੇਰਾ ਪੁੱਤਰ ਖਾਏ ਮੇਰੀ ਧੀ ਖਾਏ।
7001	166	ਤਿਉ ਹਰਿ ਜਨੁ ਹਰਿ ਹਰਿ ਜਪੁ ਕਰੇ ਹਰਿ ਅੰਤਿ ਛਡਾਇ॥੧॥		Thio Har Jan Har Har Jap Karae Har Anth Shhaddaae ||1||	In just the same way, the Lord's humble servants chant the Name of the Lord, Har, Har, and in the end, the Lord shall save them. ||1||	ਇਸੇ ਤਰ੍ਹਾਂ ਪਰਮਾਤਮਾ ਦਾ ਦਾਸ ਪਰਮਾਤਮਾ ਦੇ ਨਾਮ ਦਾ ਜਾਪ ਕਰਦਾ ਹੈ (ਜਿਸ ਦਾ ਸਿੱਟਾ ਇਹ ਨਿਕਲਦਾ ਹੈ ਕਿ) ਅੰਤ ਵੇਲੇ (ਜਦੋਂ ਹੋਰ ਕੋਈ ਸਾਥੀ ਨਹੀਂ ਰਹਿ ਜਾਂਦਾ) ਪਰਮਾਤਮਾ ਉਸ ਨੂੰ (ਮੋਹ ਆਦਿਕ ਦੇ ਪੰਜੇ ਤੋਂ) ਛੁਡਾਂਦਾ ਹੈ ॥੧॥
7002	166	ਮੈ ਮੂਰਖ ਕੀ ਗਤਿ ਕੀਜੈ ਮੇਰੇ ਰਾਮ॥		Mai Moorakh Kee Gath Keejai Maerae Raam ||	I am foolish - save me, O my Lord!	ਹੇ ਮੇਰੇ ਰਾਮ! ਮੈਨੂੰ ਮੂਰਖ ਨੂੰ ਉੱਚੀ ਆਤਮਕ ਅਵਸਥਾ ਬਖ਼ਸ਼,
7003	166	ਗੁਰ ਸਤਿਗੁਰ ਸੇਵਾ ਹਰਿ ਲਾਇ ਹਮ ਕਾਮ॥੧॥ਰਹਾਉ॥		Gur Sathigur Saevaa Har Laae Ham Kaam ||1|| Rehaao ||	O Lord, enjoin me to work and serve the Guru, the True Guru. ||1||Pause||	ਮੈਨੂੰ ਗੁਰੂ ਦੇ ਸੇਵਾ ਦੇ ਕੰਮ ਵਿਚ ਜੋੜ ॥੧॥ ਰਹਾਉ ॥
7004	166	ਲੈ ਤੁਰੇ ਸਉਦਾਗਰੀ ਸਉਦਾਗਰੁ ਧਾਵੈ॥	(ਤੁਰੇ) ਘੋੜੇ। (ਧਾਵੈ) ਜਾਂਦਾ	Lai Thurae Soudhaagaree Soudhaagar Dhhaavai ||	The traders buy horses, planning to trade them.	ਸੌਦਾਗਰ ਸੌਦਾਗਰੀ ਕਰਨ ਵਾਸਤੇ ਘੋੜੇ ਲੈ ਕੇ ਤੁਰ ਪੈਂਦਾ ਹੈ।

7005	166	ਧਨੁ ਖਟੈ ਆਸਾ ਕਰੈ ਮਾਇਆ ਮੋਹੁ ਵਧਾਵੈ॥	ਖੱਟੈ	Dhhan Khattai Aasaa Karai Maaeiaa Mohu Vadhhaavai ||	They hope to earn wealth; their attachment to Maya increases.	(ਸੌਦਾਗਰੀ ਵਿਚ ਉਹ) ਧਨ ਖੱਟਦਾ ਹੈ (ਹੋਰ ਧਨ ਦੀ) ਆਸ ਕਰਦਾ ਹੈ (ਜਿਉਂ ਜਿਉਂ ਕਮਾਈ ਕਰਦਾ ਹੈ ਤਿਉਂ ਤਿਉਂ) ਮਾਇਆ ਦਾ ਮੋਹ ਵਧਾਂਦਾ ਜਾਂਦਾ ਹੈ।
7006	166	ਤਿਉ ਹਰਿ ਜਨੁ ਹਰਿ ਹਰਿ ਬੋਲਤਾ ਹਰਿ ਬੋਲਿ ਸੁਖੁ ਪਾਵੈ॥੨॥		Thio Har Jan Har Har Bolathaa Har Bol Sukh Paavai ||2||	In just the same way, the Lord's humble servants chant the Name of the Lord, Har, Har; chanting the Lord's Name, they find peace. ||2||	ਇਸੇ ਤਰ੍ਹਾਂ ਪਰਮਾਤਮਾ ਦਾ ਦਾਸ ਪਰਮਾਤਮਾ ਦਾ ਨਾਮ ਸਿਮਰਦਾ ਹੈ, ਨਾਮ ਸਿਮਰ ਸਿਮਰ ਕੇ ਆਤਮਕ ਆਨੰਦ ਮਾਣਦਾ ਹੈ ॥੨॥
7007	166	ਬਿਖੁ ਸੰਚੈ ਹਟਵਾਣੀਆ ਬਹਿ ਹਾਟਿ ਕਮਾਇ॥	(ਬਿਖੁ) ਜ਼ਹਰ ਰੂਪ ਮਾਇਆ (ਸੰਚੈ) ਇਕੱਠੀ ਕਰੇ	Bikh Sanchai Hattavaaneeaa Behi Haatt Kamaae ||	The shop-keepers collect poison, sitting in their shops, carrying on their business.	ਦੁਕਾਨਦਾਰ ਦੁਕਾਨ ਵਿਚ ਬੈਠ ਕੇ ਦੁਕਾਨ ਦਾ ਕੰਮ ਕਰਦਾ ਹੈ ਤੇ (ਮਾਇਆ) ਇਕੱਠੀ ਕਰਦਾ ਹੈ (ਜੋ ਉਸ ਦੇ ਆਤਮਕ ਜੀਵਨ ਵਾਸਤੇ) ਜ਼ਹਰ (ਦਾ ਕੰਮ ਕਰਦੀ ਜਾਂਦੀ) ਹੈ,
7008	166	ਮੋਹ ਝੂਠੁ ਪਸਾਰਾ ਝੂਠ ਕਾ ਝੂਠੇ ਲਪਟਾਇ॥		Moh Jhooth Pasaaraa Jhooth Kaa Jhoothae Lapattaae ||	Their love is false, their displays are false, and they are engrossed in falsehood.	(ਕਿਉਂਕਿ ਇਹ ਤਾਂ ਨਿਰਾ) ਮੋਹ ਦਾ ਝੂਠਾ ਖਿਲਾਰਾ ਹੈ, ਝੂਠ ਦਾ ਪਸਾਰਾ ਹੈ (ਜਿਉਂ ਜਿਉਂ ਇਸ ਵਿਚ ਵਧੀਕ ਰੁੱਝਦਾ ਹੈ ਤਿਉਂ ਤਿਉਂ) ਇਸ ਨਾਸਵੰਤ ਦੇ ਮੋਹ ਵਿਚ ਫਸਦਾ ਜਾਂਦਾ ਹੈ।

7009	166	ਤਿਉ ਹਰਿ ਜਨਿ ਹਰਿ ਧਨੁ ਸੰਚਿਆ ਹਰਿ ਖਰਚੁ ਲੈ ਜਾਇ॥੩॥		Thio Har Jan Har Dhhan Sanchiaa Har Kharach Lai Jaae ||3||	In just the same way, the Lord's humble servants gather the wealth of the Lord's Name; they take the Lord's Name as their supplies. ||3||	ਇਸੇ ਤਰ੍ਹਾਂ ਪਰਮਾਤਮਾ ਦੇ ਦਾਸ ਨੇ (ਭੀ) ਧਨ ਇਕੱਠਾ ਕੀਤਾ ਹੁੰਦਾ ਹੈ ਪਰ ਉਹ ਹਰਿ-ਨਾਮ ਦਾ ਧਨ ਹੈ, ਇਹ ਨਾਮ-ਧਨ ਉਹ ਆਪਣੀ ਜ਼ਿੰਦਗੀ ਦੇ ਸਫ਼ਰ ਵਾਸਤੇ ਖ਼ਰਚ (ਦੇ ਤੌਰ ਤੇ) ਲੈ ਜਾਂਦਾ ਹੈ ॥੩॥
7010	166	ਇਹੁ ਮਾਇਆ ਮੋਹ ਕੁਟੰਬੁ ਹੈ ਭਾਇ ਦੂਜੈ ਫਾਸ॥	(ਕੁਟੰਬੁ) ਪਰਵਾਰ। (ਫਾਸ) ਫਾਹੀ	Eihu Maaeiaa Moh Kuttanb Hai Bhaae Dhoojai Faas ||	This emotional attachment to Maya and family, and the love of duality, is a noose around the neck.	ਮਾਇਆ ਦੇ ਮੋਹ ਦਾ ਇਹ ਖਿਲਾਰਾ (ਤਾਂ) ਮਾਇਆ ਦੇ ਮੋਹ ਵਿਚ ਫਸਾਣ ਲਈ ਫਾਹੀ ਹੈ।
7011	166	ਗੁਰਮਤੀ ਸੋ ਜਨੁ ਤਰੈ ਜੋ ਦਾਸਨਿ ਦਾਸ॥		Guramathee So Jan Tharai Jo Dhaasan Dhaas ||	Following the Guru's Teachings, the humble servants are carried across; they become the slaves of the Lord's slaves.	ਇਸ ਵਿਚੋਂ ਉਹ ਮਨੁੱਖ ਪਾਰ ਲੰਘਦਾ ਹੈ, ਜੇਹੜਾ ਗੁਰੂ ਦੀ ਮਤਿ ਲੈ ਕੇ ਪਰਮਾਤਮਾ ਦੇ ਦਾਸਾਂ ਦਾ ਦਾਸ ਬਣਦਾ ਹੈ।
7012	166	ਜਨਿ ਨਾਨਕਿ ਨਾਮੁ ਧਿਆਇਆ ਗੁਰਮੁਖਿ ਪਰਗਾਸ॥੪॥੩॥੯॥੪੭॥		Jan Naanak Naam Dhhiaaeiaa Guramukh Paragaas ||4||3||9||47||	Servant Nanak meditates on the Naam; the Gurmukh is enlightened. ||4||3||9||47||	ਦਾਸ ਨਾਨਕ ਨੇ (ਭੀ) ਗੁਰੂ ਦੀ ਸਰਨ ਪੈ ਕੇ (ਆਤਮਕ ਜੀਵਨ ਵਾਸਤੇ) ਚਾਨਣ ਹਾਸਲ ਕਰ ਕੇ ਪਰਮਾਤਮਾ ਦਾ ਨਾਮ ਸਿਮਰਿਆ ਹੈ ॥੪॥੩॥੯॥੪੭॥

7013	166	ਗਉੜੀ ਬੈਰਾਗਣਿ ਮਹਲਾ ੪॥		Gourree Bairaagan Mehalaa 4 ||	Gauree Bairaagan, Fourth Mehl:	
7014	166	ਨਿਤ ਦਿਨਸੁ ਰਾਤਿ ਲਾਲਚੁ ਕਰੇ ਭਰਮੈ ਭਰਮਾਇਆ॥		Nith Dhinas Raath Laalach Karae Bharamai Bharamaaeiaa ||	Continuously, day and night, they are gripped by greed and deluded by doubt.	ਜੇਹੜਾ ਮਨੁੱਖ ਸਦਾ ਦਿਨ ਰਾਤ (ਮਾਇਆ ਦਾ) ਲਾਲਚ ਕਰਦਾ ਰਹਿੰਦਾ ਹੈ ਮਾਇਆ ਦੀ ਪ੍ਰੇਰਨਾ ਵਿਚ ਆ ਕੇ ਮਾਇਆ ਦੀ ਖ਼ਾਤਰ ਭਟਕਦਾ ਫਿਰਦਾ ਹੈ,
7015	166	ਵੇਗਾਰਿ ਫਿਰੈ ਵੇਗਾਰੀਆ ਸਿਰਿ ਭਾਰੁ ਉਠਾਇਆ॥	(ਵੇਗਾਰਿ) ਬਿਨਾ ਮਜ਼ਦੂਰੀ ਕੰਮ। (ਵੇਗਾਰੀਆ) ਬਿਨਾ ਮਜ਼ਦੂਰੀ ਕੰਮ ਕਰਨ ਵਾਲਾ	Vaegaar Firai Vaegaareeaa Sir Bhaar Outhaaeiaa ||	The slaves labor in slavery, carrying the loads upon their heads.	ਉਹ ਉਸ ਵੇਗਾਰੀ ਵਾਂਗ ਹੈ ਜੋ ਆਪਣੇ ਸਿਰ ਉੱਤੇ (ਬਿਗਾਨਾ) ਭਾਰ ਚੁੱਕ ਕੇ ਵੇਗਾਰ ਕੱਢਦਾ ਫਿਰਦਾ ਹੈ।
7016	166	ਜੋ ਗੁਰ ਕੀ ਜਨੁ ਸੇਵਾ ਕਰੇ ਸੋ ਘਰ ਕੈ ਕੰਮਿ ਹਰਿ ਲਾਇਆ॥੧॥		Jo Gur Kee Jan Saevaa Karae So Ghar Kai Kanm Har Laaeiaa ||1||	That humble being who serves the Guru is put to work by the Lord in His Home. ||1||	ਪਰ ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ (ਗੁਰੂ ਦੀ ਦੱਸੀ ਸੇਵਾ ਕਰਦਾ ਹੈ) ਉਸ ਨੂੰ ਪਰਮਾਤਮਾ ਨੇ (ਨਾਮ-ਸਿਮਰਨ ਦੇ) ਉਸ ਕੰਮ ਵਿਚ ਲਾ ਦਿੱਤਾ ਹੈ ਜੋ ਉਸ ਦਾ ਅਸਲ ਆਪਣਾ ਕੰਮ ਹੈ ॥੧॥
7017	166	ਮੇਰੇ ਰਾਮ ਤੋੜਿ ਬੰਧਨ ਮਾਇਆ ਘਰ ਕੈ ਕੰਮਿ ਲਾਇ॥		Maerae Raam Thorr Bandhhan Maaeiaa Ghar Kai Kanm Laae ||	O my Lord, please break these bonds of Maya, and put me to work in Your Home.	ਹੇ ਮੇਰੇ ਰਾਮ! (ਅਸਾਂ ਜੀਵਾਂ ਦੇ) ਮਾਇਆ ਦੇ ਬੰਧਨ ਤੋੜ ਤੇ ਸਾਨੂੰ ਸਾਡੇ ਅਸਲੀ ਆਪਣੇ ਕੰਮ ਵਿਚ ਜੋੜ,

7018	166	ਨਿਤ ਹਰਿ ਗੁਣ ਗਾਵਹ ਹਰਿ ਨਾਮਿ ਸਮਾਇ॥੧॥ਰਹਾਉ॥		Nith Har Gun Gaaveh Har Naam Samaae ||1|| Rehaao ||	I continuously sing the Glorious Praises of the Lord; I am absorbed in the Lord's Name. ||1||Pause||	ਅਸੀਂ ਹਰਿ-ਨਾਮ ਵਿਚ ਲੀਨ ਹੋ ਕੇ ਸਦਾ ਹਰਿ-ਗੁਣ ਗਾਂਦੇ ਰਹੀਏ ॥੧॥ ਰਹਾਉ ॥
7019	166	ਨਰੁ ਪ੍ਰਾਣੀ ਚਾਕਰੀ ਕਰੇ ਨਰਪਤਿ ਰਾਜੇ ਅਰਥਿ ਸਭ ਮਾਇਆ॥	(ਅਰਥਿ) ਵਾਸਤੇ	Nar Praanee Chaakaree Karae Narapath Raajae Arathh Sabh Maaeiaa ||	Mortal men work for kings, all for the sake of wealth and Maya.	ਨਿਰੋਲ ਮਾਇਆ ਦੀ ਖ਼ਾਤਰ ਕੋਈ ਮਨੁੱਖ ਕਿਸੇ ਰਾਜੇ-ਪਾਤਿਸ਼ਾਹ ਦੀ ਨੌਕਰੀ ਕਰਦਾ ਹੈ।
7020	166	ਕੈ ਬੰਧੈ ਕੈ ਡਾਨਿ ਲੇਇ ਕੈ ਨਰਪਤਿ ਮਰਿ ਜਾਇਆ॥	(ਕੈ) ਜਾਂ। (ਬੰਧੈ) ਬੰਨ੍ਹ ਲੈਂਦਾ। (ਡਾਨਿ) ਸਜ਼ਾ। (ਨਰਪਤਿ) ਰਾਜਾ। ਲੇ-ਇ	Kai Bandhhai Kai Ddaan Laee Kai Narapath Mar Jaaeiaa ||	But the king either imprisons them, or fines them, or else dies himself.	ਰਾਜਾ ਕਈ ਵਾਰੀ (ਕਿਸੇ ਖ਼ੁਨਾਮੀ ਦੇ ਕਾਰਨ ਉਸ ਨੂੰ) ਕੈਦ ਕਰ ਦੇਂਦਾ ਹੈ ਜਾਂ (ਕੋਈ ਜੁਰਮਾਨਾ ਆਦਿਕ) ਸਜ਼ਾ ਦੇਂਦਾ ਹੈ, ਜਾਂ, ਰਾਜਾ (ਆਪ ਹੀ) ਮਰ ਜਾਂਦਾ ਹੈ (ਤੇ ਉਸ ਮਨੁੱਖ ਦੀ ਨੌਕਰੀ ਹੀ ਮੁੱਕ ਜਾਂਦੀ ਹੈ)।

7021	166	ਧੰਨੁ ਧਨੁ ਸੇਵਾ ਸਫਲ ਸਤਿਗੁਰੂ ਕੀ ਜਿਤੁ ਹਰਿ ਹਰਿ ਨਾਮੁ ਜਪਿ ਹਰਿ ਸੁਖੁ ਪਾਇਆ॥੨॥		Dhhann Dhhan Saevaa Safal Sathiguroo Kee Jith Har Har Naam Jap Har Sukh Paaeiaa ||2||	Blessed, rewarding and fruitful is the service of the True Guru; through it, I chant the Name of the Lord, Har, Har, and I have found peace. ||2||	ਪਰ ਸਤਿਗੁਰੂ ਦੀ ਸੇਵਾ ਸਦਾ ਫਲ ਦੇਣ ਵਾਲੀ ਹੈ ਸਦਾ ਸਲਾਹੁਣ-ਯੋਗ ਹੈ, ਕਿਉਂਕਿ ਇਸ ਸੇਵਾ ਦੀ ਰਾਹੀਂ ਮਨੁੱਖ ਪਰਮਾਤਮਾ ਦਾ ਨਾਮ ਜਪ ਕੇ ਆਤਮਕ ਆਨੰਦ ਮਾਣਦਾ ਹੈ ॥੨॥
7022	166	ਨਿਤ ਸਉਦਾ ਸੂਦੁ ਕੀਚੈ ਬਹੁ ਭਾਤਿ ਕਰਿ ਮਾਇਆ ਕੈ ਤਾਈ॥	(ਸੂਦੁ) ਵਿਆਜ। ਭਾਂਤਿ, ਤਾਂਈਂ	Nith Soudhaa Soodh Keechai Bahu Bhaath Kar Maaeiaa Kai Thaaee ||	Everyday, people carry on their business, with all sorts of devices to earn interest, for the sake of Maya.	ਮਾਇਆ ਕਮਾਣ ਦੀ ਖ਼ਾਤਰ ਕਈ ਤਰ੍ਹਾਂ ਦਾ ਸਦਾ ਵਣਜ-ਵਿਹਾਰ ਭੀ ਕਰੀਦਾ ਹੈ,
7023	166	ਜਾ ਲਾਹਾ ਦੇਇ ਤਾ ਸੁਖੁ ਮਨੇ ਤੋਟੈ ਮਰਿ ਜਾਈ॥		Jaa Laahaa Dhaee Thaa Sukh Manae Thottai Mar Jaaee ||	If they earn a profit, they are pleased, but their hearts are broken by losses.	ਜਦੋਂ (ਉਹ ਵਣਜ-ਵਪਾਰ) ਨਫ਼ਾ ਦੇਂਦਾ ਹੈ ਤਾਂ ਮਨ ਵਿਚ ਖ਼ੁਸ਼ੀ ਹੁੰਦੀ ਹੈ, ਪਰ ਘਾਟਾ ਪੈਣ ਤੇ ਮਨੁੱਖ (ਹਾਹੁਕੇ ਨਾਲ) ਮਰ ਜਾਂਦਾ ਹੈ।
7024	166	ਜੋ ਗੁਣ ਸਾਝੀ ਗੁਰ ਸਿਉ ਕਰੇ ਨਿਤ ਨਿਤ ਸੁਖੁ ਪਾਈ॥੩॥	ਸਾਂਝੀ	Jo Gun Saajhee Gur Sio Karae Nith Nith Sukh Paaee ||3||	One who is worthy, becomes a partner with the Guru, and finds a lasting peace forever. ||3||	ਪਰ ਜੇਹੜਾ ਮਨੁੱਖ ਆਪਣੇ ਗੁਰੂ ਨਾਲ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਸੌਦੇ ਦੀ ਸਾਂਝ ਪਾਂਦਾ ਹੈ, ਉਹ ਸਦਾ ਹੀ ਆਤਮਕ ਆਨੰਦ ਮਾਣਦਾ ਹੈ ॥੩॥

7025	167	ਜਿਤਨੀ ਭੂਖ ਅਨ ਰਸ ਸਾਦ ਹੈ ਤਿਤਨੀ ਭੂਖ ਫਿਰਿ ਲਾਗੈ॥		Jithanee Bhookh An Ras Saadh Hai Thithanee Bhookh Fir Laagai ||	The more one feels hunger for other tastes and pleasures, the more this hunger persists.	ਹੋਰ ਹੋਰ ਰਸਾਂ ਦੀ ਹੋਰ ਹੋਰ ਸੁਆਦਾਂ ਦੀ ਜਿਤਨੀ ਭੀ ਤ੍ਰਿਸ਼ਨਾ (ਮਨੁੱਖ ਨੂੰ ਲੱਗਦੀ) ਹੈ, (ਜਿਉਂ ਜਿਉਂ ਰਸ ਸੁਆਦ ਮਾਣੀਦੇ ਹਨ) ਉਤਨੀ ਹੀ ਵਧੀਕ ਤ੍ਰਿਸ਼ਨਾ ਮੁੜ ਮੁੜ ਲੱਗਦੀ ਜਾਂਦੀ ਹੈ (ਮਾਇਕ ਰਸਾਂ ਵਲੋਂ ਮਨੁੱਖ ਕਦੇ ਭੀ ਰੱਜਦਾ ਨਹੀਂ)।
7026	167	ਜਿਸੁ ਹਰਿ ਆਪਿ ਕ੍ਰਿਪਾ ਕਰੇ ਸੋ ਵੇਚੇ ਸਿਰੁ ਗੁਰ ਆਗੈ॥		Jis Har Aap Kirapaa Karae So Vaechae Sir Gur Aagai ||	Those unto whom the Lord Himself shows mercy, sell their head to the Guru.	ਜਿਸ ਮਨੁੱਖ ਉਤੇ ਪਰਮਾਤਮਾ ਆਪ ਕਿਰਪਾ ਕਰਦਾ ਹੈ, ਉਹ ਮਨੁੱਖ ਗੁਰੂ ਅਗੇ (ਆਪਣਾ) ਸਿਰ ਵੇਚ ਦੇਂਦਾ ਹੈ (ਉਹ ਆਪਣਾ ਆਪ ਗੁਰੂ ਦੇ ਹਵਾਲੇ ਕਰਦਾ ਹੈ)।
7027	167	ਜਨ ਨਾਨਕ ਹਰਿ ਰਸਿ ਤ੍ਰਿਪਤਿਆ ਫਿਰਿ ਭੂਖ ਨ ਲਾਗੈ॥੪॥੪॥੧੦॥੪੮॥		Jan Naanak Har Ras Thripathiaa Fir Bhookh N Laagai ||4||4||10||48||	Servant Nanak is satisfied by the Name of the Lord, Har, Har. He shall never feel hungry again. ||4||4||10||48||	ਹੇ ਦਾਸ ਨਾਨਕ! ਉਹ ਮਨੁੱਖ ਪਰਮਾਤਮਾ ਦੇ ਨਾਮ-ਰਸ ਨਾਲ ਰੱਜ ਜਾਂਦਾ ਹੈ, ਉਸ ਨੂੰ ਮਾਇਆ ਦੀ ਤ੍ਰਿਸ਼ਨਾ ਨਹੀਂ ਵਿਆਪਦੀ ॥੪॥੪॥੧੦॥੪੮॥
7028	167	ਗਉੜੀ ਬੈਰਾਗਣਿ ਮਹਲਾ ੪॥		Gourree Bairaagan Mehalaa 4 ||	Gauree Bairaagan, Fourth Mehl:	

7029	167	ਹਮਰੈ ਮਨਿ ਚਿਤਿ ਹਰਿ ਆਸ ਨਿਤ ਕਿਉ ਦੇਖਾ ਹਰਿ ਦਰਸੁ ਤੁਮਾਰਾ॥		Hamarai Man Chith Har Aas Nith Kio Dhaekhaa Har Dharas Thumaaraa ||	Within my conscious mind is the constant longing for the Lord. How can I behold the Blessed Vision of Your Darshan, Lord?	ਹੇ ਹਰੀ! ਮੇਰੇ ਮਨ ਵਿਚ ਚਿੱਤ ਵਿਚ ਸਦਾ ਇਹ ਆਸ ਰਹਿੰਦੀ ਹੈ ਕਿ ਮੈਂ ਕਿਸੇ ਤਰ੍ਹਾਂ ਤੇਰਾ ਦਰਸਨ ਕਰ ਸਕਾਂ।
7030	167	ਜਿਨਿ ਪ੍ਰੀਤਿ ਲਾਈ ਸੋ ਜਾਣਤਾ ਹਮਰੈ ਮਨਿ ਚਿਤਿ ਹਰਿ ਬਹੁਤੁ ਪਿਆਰਾ॥		Jin Preeth Laaee So Jaanathaa Hamarai Man Chith Har Bahuth Piaaraa ||	One who loves the Lord knows this; the Lord is very dear to my conscious mind.	(ਹੇ ਭਾਈ!) ਜਿਸ ਹਰੀ ਨੇ ਮੇਰੇ ਅੰਦਰ ਆਪਣਾ ਪਿਆਰ ਪੈਦਾ ਕੀਤਾ ਹੈ ਉਹੀ ਜਾਣਦਾ ਹੈ, ਮੈਨੂੰ ਆਪਣੇ ਮਨ ਵਿਚ ਚਿੱਤ ਵਿਚ ਹਰੀ ਬਹੁਤ ਪਿਆਰਾ ਲੱਗ ਰਿਹਾ ਹੈ।
7031	167	ਹਉ ਕੁਰਬਾਨੀ ਗੁਰ ਆਪਣੇ ਜਿਨਿ ਵਿਛੁੜਿਆ ਮੇਲਿਆ ਮੇਰਾ ਸਿਰਜਨਹਾਰਾ॥੧॥		Ho Kurabaanee Gur Aapanae Jin Vishhurriaa Maeliaa Maeraa Sirajanehaaraa ||1||	I am a sacrifice to my Guru, who has re-united me with my Creator Lord; I was separated from Him for such a long time! ||1||	ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਨੇ ਮੈਨੂੰ ਮੇਰਾ ਵਿੱਛੁੜਿਆ ਹੋਇਆ ਸਿਰਜਣਹਾਰ ਹਰੀ ਮਿਲਾ ਦਿੱਤਾ ਹੈ ॥੧॥
7032	167	ਮੇਰੇ ਰਾਮ ਹਮ ਪਾਪੀ ਸਰਣਿ ਪਰੇ ਹਰਿ ਦੁਆਰਿ॥		Maerae Raam Ham Paapee Saran Parae Har Dhuaar ||	O my Lord, I am a sinner; I have come to Your Sanctuary, and fallen at Your Door, Lord.	ਹੇ ਮੇਰੇ ਮਨ! ਮੈਂ ਪਾਪੀ ਤੇਰੀ ਸਰਨ ਆਇਆ ਹਾਂ, ਤੇਰੇ ਦਰ ਤੇ ਆ ਡਿੱਗਾ ਹਾਂ,

7033	167	ਮਤੁ ਨਿਰਗੁਣ ਹਮ ਮੇਲੈ ਕਬਹੂੰ ਅਪੁਨੀ ਕਿਰਪਾ ਧਾਰਿ॥੧॥ਰਹਾਉ॥	(ਨਿਰਗੁਣ) ਸ਼ੁਭ ਗੁਣਾਂ ਤੋਂ ਰਹਿਤ, ਗੁਣ ਹੀਣ। ਮੇੱਲੈ: ਲੱਲੇ ਦੁਲਾਵਾਂ ਲਾਉ	Math Niragun Ham Maelai Kabehoon Apunee Kirapaa Dhhaar ||1|| Rehaao ||	My intellect is worthless; I am filthy and polluted. Please shower me with Your Mercy sometime. ||1||Pause||	ਕਿ ਸ਼ਾਇਦ (ਇਸ ਤਰ੍ਹਾਂ) ਤੂੰ ਆਪਣੀ ਮਿਹਰ ਕਰ ਕੇ ਮੈਨੂੰ ਗੁਣ-ਹੀਨ ਨੂੰ ਆਪਣੇ ਚਰਨਾਂ ਵਿਚ ਜੋੜ ਲਏਂ ॥੧॥ ਰਹਾਉ ॥
7034	167	ਹਮਰੇ ਅਵਗੁਣ ਬਹੁਤੁ ਬਹੁਤੁ ਹੈ ਬਹੁ ਬਾਰ ਬਾਰ ਹਰਿ ਗਣਤ ਨ ਆਵੈ॥		Hamarae Avagun Bahuth Bahuth Hai Bahu Baar Baar Har Ganath N Aavai ||	My demerits are so many and numerous. I have sinned so many times, over and over again. O Lord, they cannot be counted.	ਹੇ ਹਰੀ! ਮੇਰੇ ਅੰਦਰ ਬੇਅੰਤ ਅਉਗਣ ਹਨ, ਗਿਣੇ ਨਹੀਂ ਜਾ ਸਕਦੇ, ਮੈਂ ਮੁੜ ਮੁੜ ਅੌਗਣ ਕਰਦਾ ਹਾਂ।
7035	167	ਤੂੰ ਗੁਣਵੰਤਾ ਹਰਿ ਹਰਿ ਦਇਆਲੁ ਹਰਿ ਆਪੇ ਬਖਸਿ ਲੈਹਿ ਹਰਿ ਭਾਵੈ॥		Thoon Gunavanthaa Har Har Dhaeiaal Har Aapae Bakhas Laihi Har Bhaavai ||	You, Lord, are the Merciful Treasure of Virtue. When it pleases You, Lord, You forgive me.	ਤੂੰ ਗੁਣਾਂ ਦਾ ਮਾਲਕ ਹੈਂ, ਦਇਆ ਦਾ ਘਰ ਹੈਂ ਜਦੋਂ ਤੇਰੀ ਰਜ਼ਾ ਹੁੰਦੀ ਹੈ ਤੂੰ ਆਪ ਹੀ ਬਖ਼ਸ਼ ਲੈਂਦਾ ਹੈਂ।

7036	167	ਹਮ ਅਪਰਾਧੀ ਰਾਖੇ ਗੁਰ ਸੰਗਤੀ ਉਪਦੇਸੁ ਦੀਓ ਹਰਿ ਨਾਮੁ ਛਡਾਵੈ॥੨॥	ਸੰਗਤੀਂ	Ham Aparaadhhee Raakhae Gur Sangathee Oupadhaes Dheeou Har Naam Shhaddaavai ||2||	I am a sinner, saved only by the Company of the Guru. He has bestowed the Teachings of the Lord's Name, which saves me. ||2||	(ਹੇ ਭਾਈ!) ਸਾਡੇ ਵਰਗੇ ਪਾਪੀਆਂ ਨੂੰ ਹਰੀ ਗੁਰੂ ਦੀ ਸੰਗਤਿ ਵਿਚ ਰੱਖਦਾ ਹੈ, ਉਪਦੇਸ਼ ਦੇਂਦਾ ਹੈ, ਤੇ ਉਸ ਦਾ ਨਾਮ ਵਿਕਾਰਾਂ ਤੋਂ ਖ਼ਲਾਸੀ ਕਰਾ ਦੇਂਦਾ ਹੈ ॥੨॥
7037	167	ਤੁਮਰੇ ਗੁਣ ਕਿਆ ਕਹਾ ਮੇਰੇ ਸਤਿਗੁਰਾ ਜਬ ਗੁਰੁ ਬੋਲਹ ਤਬ ਬਿਸਮੁ ਹੋਇ ਜਾਇ॥	(ਬਿਸਮੁ) ਬਿਸਮਾਦ, ਅਸਚਰਜ	Thumarae Gun Kiaa Kehaa Maerae Sathiguraa Jab Gur Boleh Thab Bisam Hoe Jaae ||	What Glorious Virtues of Yours can I describe, O my True Guru? When the Guru speaks, I am transfixed with wonder.	ਹੇ ਮੇਰੇ ਸਤਿਗੁਰੂ! ਮੈਂ ਤੇਰੇ ਗੁਣ ਕੀਹ ਕੀਹ ਦੱਸਾਂ? ਜਦੋਂ ਮੈਂ 'ਗੁਰੂ ਗੁਰੂ' ਜਪਦਾ ਹਾਂ, ਮੇਰੀ ਅਸਚਰਜ ਆਤਮਕ ਹਾਲਤ ਬਣ ਜਾਂਦੀ ਹੈ।
7038	167	ਹਮ ਜੈਸੇ ਅਪਰਾਧੀ ਅਵਰੁ ਕੋਈ ਰਾਖੈ ਜੈਸੇ ਹਮ ਸਤਿਗੁਰਿ ਰਾਖਿ ਲੀਏ ਛਡਾਇ॥		Ham Jaisae Aparaadhhee Avar Koee Raakhai Jaisae Ham Sathigur Raakh Leeeae Shhaddaae ||	Can anyone else save a sinner like me? The True Guru has protected and saved me.	ਸਾਡੇ ਵਰਗੇ ਪਾਪੀਆਂ ਨੂੰ ਜਿਵੇਂ ਸਤਿਗੁਰੂ ਨੇ ਰੱਖ ਲਿਆ ਹੈ (ਵਿਕਾਰਾਂ ਦੇ ਪੰਜੇ ਤੋਂ) ਛੁਡਾ ਲਿਆ ਹੈ ਹੋਰ ਕੌਣ (ਇਸ ਤਰ੍ਹਾਂ) ਰੱਖ ਸਕਦਾ ਹੈ?

7039	167	ਤੂੰ ਗੁਰੁ ਪਿਤਾ ਤੂੰਹੈ ਗੁਰੁ ਮਾਤਾ ਤੂੰ ਗੁਰੁ ਬੰਧਪੁ ਮੇਰਾ ਸਖਾ ਸਖਾਇ॥੩॥	(ਸਖਾ) ਮਿੱਤ੍ਰ (ਸਖਾਇ) ਸਹਾਈ, ਸਹਾਇਤਾ ਕਰਨ ਵਾਲਾ। (ਬੰਧਪੁ) ਸਬੰਧੀ	Thoon Gur Pithaa Thoonhai Gur Maathaa Thoon Gur Bandhhap Maeraa Sakhaa Sakhaae ||3||	O Guru, You are my father. O Guru, You are my mother. O Guru, You are my relative, companion and friend. ||3||	ਹੇ ਹਰੀ! ਤੂੰ ਹੀ ਮੇਰਾ ਗੁਰੂ ਹੈਂ, ਮੇਰਾ ਪਿਤਾ ਹੈਂ, ਮੇਰਾ ਰਿਸ਼ਤੇਦਾਰ ਹੈਂ, ਮੇਰਾ ਮਿੱਤਰ ਹੈਂ ॥੩॥
7040	167	ਜੋ ਹਮਰੀ ਬਿਧਿ ਹੋਤੀ ਮੇਰੇ ਸਤਿਗੁਰਾ ਸਾ ਬਿਧਿ ਤੁਮ ਹਰਿ ਜਾਣਹੁ ਆਪੇ॥	ਬਿਧਿ:ਪੋਲਾ ਬੋਲੋ। (ਬਿਧਿ) ਹਾਲਤ	Jo Hamaree Bidhh Hothee Maerae Sathiguraa Saa Bidhh Thum Har Jaanahu Aapae ||	My condition, O my True Guru - that condition, O Lord, is known only to You.	ਹੇ ਮੇਰੇ ਸਤਿਗੁਰੂ! ਹੇ ਮੇਰੇ ਹਰੀ! ਜੇਹੜੀ ਮੇਰੀ ਹਾਲਤ ਹੁੰਦੀ ਸੀ ਉਹ ਹਾਲਤ ਤੂੰ ਆਪ ਹੀ ਜਾਣਦਾ ਹੈਂ।
7041	167	ਹਮ ਰੁਲਤੇ ਫਿਰਤੇ ਕੋਈ ਬਾਤ ਨ ਪੂਛਤਾ ਗੁਰ ਸਤਿਗੁਰ ਸੰਗਿ ਕੀਰੇ ਹਮ ਥਾਪੇ॥		Ham Rulathae Firathae Koee Baath N Pooshhathaa Gur Sathigur Sang Keerae Ham Thhaapae ||	I was rolling around in the dirt, and no one cared for me at all. In the Company of the Guru, the True Guru, I, the worm, have been raised up and exalted.	ਮੈਂ ਰੁਲਦਾ ਫਿਰਦਾ ਸਾਂ ਕੋਈ ਮੇਰੀ ਵਾਤ ਨਹੀਂ ਸੀ ਪੁੱਛਦਾ ਤੂੰ ਮੈਨੂੰ ਕੀੜੇ ਨੂੰ ਗੁਰੂ ਸਤਿਗੁਰੂ ਦੇ ਚਰਨਾਂ ਵਿਚ ਲਿਆ ਕੇ ਵਡਿਆਈ ਬਖ਼ਸ਼ੀ।

7042	167	ਧੰਨੁ ਧੰਨੁ ਗੁਰੂ ਨਾਨਕ ਜਨ ਕੇਰਾ ਜਿਤੁ ਮਿਲਿਐ ਚੂਕੇ ਸਭਿ ਸੋਗ ਸੰਤਾਪੇ॥੪॥੫॥੧੧॥੪੯॥	(ਸੰਤਾਪੇ) ਕਲੇਸ਼	Dhhann Dhhann Guroo Naanak Jan Kaeraa Jith Miliai Chookae Sabh Sog Santhaapae ||4||5||11||49||	Blessed, blessed is the Guru of servant Nanak; meeting Him, all my sorrows and troubles have come to an end. ||4||5||11||49||	(ਹੇ ਭਾਈ!) ਦਾਸ ਨਾਨਕ ਦਾ ਗੁਰੂ ਧੰਨ ਹੈ ਧੰਨ ਹੈ ਜਿਸ (ਗੁਰੂ) ਨੂੰ ਮਿਲ ਕੇ ਮੇਰੇ ਸਾਰੇ ਸੋਗ ਮੁੱਕ ਗਏ ਮੇਰੇ ਸਾਰੇ ਕਲੇਸ਼ ਦੂਰ ਹੋ ਗਏ ॥੪॥੫॥੧੧॥੪੯॥
7043	167	ਗਉੜੀ ਬੈਰਾਗਣਿ ਮਹਲਾ ੪॥		Gourree Bairaagan Mehalaa 4 ||	Gauree Bairaagan, Fourth Mehl:	
7044	167	ਕੰਚਨ ਨਾਰੀ ਮਹਿ ਜੀਉ ਲੁਭਤੁ ਹੈ ਮੋਹੁ ਮੀਠਾ ਮਾਇਆ॥	(ਕੰਚਨ) ਸੋਨਾ। (ਲੋਭਤੁ) ਲੋਭਾਇਮਾਨ	Kanchan Naaree Mehi Jeeo Lubhath Hai Mohu Meethaa Maaeiaa ||	The soul of the man is lured by gold and women; emotional attachment to Maya is so sweet to him.	ਮੇਰੀ ਜਿੰਦ ਸੋਨੇ (ਦੇ ਮੋਹ) ਵਿਚ ਇਸਤ੍ਰੀ (ਦੇ ਮੋਹ) ਵਿਚ ਫਸੀ ਹੋਈ ਹੈ, ਮਾਇਆ ਦਾ ਮੋਹ ਮੈਨੂੰ ਮਿੱਠਾ ਲੱਗ ਰਿਹਾ ਹੈ।
7045	167	ਘਰ ਮੰਦਰ ਘੋੜੇ ਖੁਸੀ ਮਨੁ ਅਨ ਰਸਿ ਲਾਇਆ॥		Ghar Mandhar Ghorrae Khusee Man An Ras Laaeiaa ||	The mind has become attached to the pleasures of houses, palaces, horses and other enjoyments.	ਘਰ, ਪੱਕੇ ਮਹਲ ਘੋੜੇ (ਵੇਖ ਵੇਖ ਕੇ) ਮੈਨੂੰ ਚਾਉ ਚੜ੍ਹਦਾ ਹੈ, ਮੇਰਾ ਮਨ ਹੋਰ ਹੋਰ (ਪਦਾਰਥਾਂ ਦੇ) ਰਸ ਵਿਚ ਲੱਗਾ ਹੋਇਆ ਹੈ।

7046	167	ਹਰਿ ਪ੍ਰਭੁ ਚਿਤਿ ਨ ਆਵਈ ਕਿਉ ਛੂਟਾ ਮੇਰੇ ਹਰਿ ਰਾਇਆ॥੧॥	(ਰਾਇਆ) ਪਾਤਸ਼ਾਹ	Har Prabh Chith N Aavee Kio Shhoottaa Maerae Har Raaeiaa ||1||	The Lord God does not even enter his thoughts; how can he be saved, O my Lord King? ||1||	ਹੇ ਮੇਰੇ ਹਰੀ! ਹੇ ਮੇਰੇ ਰਾਜਨ! (ਤੂੰ) ਪਰਮਾਤਮਾ ਕਦੇ ਮੇਰੇ ਚਿੱਤ ਵਿਚ ਨਹੀਂ ਆਉਂਦਾ। ਮੈਂ (ਇਸ ਮੋਹ ਵਿਚੋਂ) ਕਿਵੇਂ ਨਿਕਲਾਂ? ॥੧॥
7047	167	ਮੇਰੇ ਰਾਮ ਇਹ ਨੀਚ ਕਰਮ ਹਰਿ ਮੇਰੇ॥		Maerae Raam Eih Neech Karam Har Maerae ||	O my Lord, these are my lowly actions, O my Lord.	ਹੇ ਮੇਰੇ ਰਾਮ! ਮੇਰੇ ਹਰੀ! ਮੇਰੇ ਇਹ ਨੀਚ ਕੰਮ ਹਨ।
7048	167	ਗੁਣਵੰਤਾ ਹਰਿ ਹਰਿ ਦਇਆਲੁ ਕਰਿ ਕਿਰਪਾ ਬਖਸਿ ਅਵਗਣ ਸਭਿ ਮੇਰੇ॥੧॥ਰਹਾਉ॥		Gunavanthaa Har Har Dhaeiaal Kar Kirapaa Bakhas Avagan Sabh Maerae ||1|| Rehaao ||	O Lord, Har, Har, Treasure of Virtue, Merciful Lord: please bless me with Your Grace and forgive me for all my mistakes. ||1||Pause||	ਪਰ ਤੂੰ ਗੁਣਾਂ ਦਾ ਮਾਲਕ ਹੈਂ, ਤੂੰ ਦਇਆ ਦਾ ਘਰ ਹੈਂ, ਮਿਹਰ ਕਰ ਤੇ ਮੇਰੇ ਸਾਰੇ ਅਉਗਣ ਬਖ਼ਸ਼ ॥੧॥ ਰਹਾਉ ॥
7049	167	ਕਿਛੁ ਰੂਪੁ ਨਹੀ ਕਿਛੁ ਜਾਤਿ ਨਾਹੀ ਕਿਛੁ ਢੰਗੁ ਨ ਮੇਰਾ॥		Kishh Roop Nehee Kishh Jaath Naahee Kishh Dtang N Maeraa ||	I have no beauty, no social status, no manners.	ਨਾਹ ਮੇਰਾ (ਸੁੰਦਰ) ਰੂਪ ਹੈ, ਨਾਹ ਮੇਰੀ ਉੱਚੀ ਜਾਤਿ ਹੈ, ਨਾਹ ਮੇਰੇ ਵਿਚ ਕੋਈ ਸੁਚੱਜ ਹੈ।

7050	167	ਕਿਆ ਮੁਹੁ ਲੈ ਬੋਲਹ ਗੁਣ ਬਿਹੂਨ ਨਾਮੁ ਜਪਿਆ ਨ ਤੇਰਾ॥	(ਬਿਹੂਨ) ਰਹਿਤ	Kiaa Muhu Lai Boleh Gun Bihoon Naam Japiaa N Thaeraa ||	With what face am I to speak? I have no virtue at all; I have not chanted Your Name.	ਹੇ ਪ੍ਰਭੂ! ਮੈਂ ਗੁਣਾਂ ਤੋਂ ਸੱਖਣਾ ਹਾਂ, ਮੈਂ ਤੇਰਾ ਨਾਮ ਨਹੀਂ ਜਪਿਆ, ਮੈਂ ਕੇਹੜਾ ਮੂੰਹ ਲੈ ਕੇ (ਤੇਰੇ ਸਾਹਮਣੇ) ਗੱਲ ਕਰਨ ਜੋਗਾ ਹਾਂ?
7051	167	ਹਮ ਪਾਪੀ ਸੰਗਿ ਗੁਰ ਉਬਰੇ ਪੁੰਨੁ ਸਤਿਗੁਰ ਕੇਰਾ॥੨॥	(ਉਬਰੇ) ਉਧਰੇ, ਮੁਕਤ ਹੋਏ। (ਕੇਰਾ) ਦਾ	Ham Paapee Sang Gur Oubarae Punn Sathigur Kaeraa ||2||	I am a sinner, saved only by the Company of the Guru. This is the generous blessing of the True Guru. ||2||	ਇਹ ਸਤਿਗੁਰੂ ਦੀ ਮਿਹਰ ਹੋਈ ਹੈ ਕਿ ਮੈਂ ਪਾਪੀ ਗੁਰੂ ਦੀ ਸੰਗਤਿ ਵਿਚ ਰਹਿ ਕੇ (ਪਾਪਾਂ ਤੋਂ) ਬਚ ਗਿਆ ਹਾਂ ॥੨॥
7052	167	ਸਭੁ ਜੀਉ ਪਿੰਡੁ ਮੁਖੁ ਨਕੁ ਦੀਆ ਵਰਤਣ ਕਉ ਪਾਣੀ॥	ਨੱਕੁ	Sabh Jeeo Pindd Mukh Nak Dheeaa Varathan Ko Paanee ||	He gave all beings souls, bodies, mouths, noses and water to drink.	ਇਹ ਜਿੰਦ ਇਹ ਸਰੀਰ ਇਹ ਮੂੰਹ ਇਹ ਨੱਕ ਆਦਿਕ ਅੰਗ ਇਹ ਸਭ ਕੁਝ ਪਰਮਾਤਮਾ ਨੇ ਮੈਨੂੰ ਦਿੱਤਾ ਹੈ, ਪਾਣੀ (ਹਵਾ ਅੱਗ ਆਦਿਕ) ਮੈਨੂੰ ਉਸ ਨੇ ਵਰਤਣ ਲਈ ਦਿੱਤੇ ਹਨ।
7053	167	ਅੰਨੁ ਖਾਣਾ ਕਪੜੁ ਪੈਨਣੁ ਦੀਆ ਰਸ ਅਨਿ ਭੋਗਾਣੀ॥	(ਅਨਿ) ਅਨੇਕਾਂ (ਭੋਗਾਣੀ) ਭੋਗਣ ਨੂੰ। ਪੈਨ੍ਣੁ	Ann Khaanaa Kaparr Painan Dheeaa Ras An Bhogaanee ||	He gave them corn to eat, clothes to wear, and other pleasures to enjoy.	ਉਸ ਨੇ ਮੈਨੂੰ ਅੰਨ ਖਾਣ ਨੂੰ ਦਿੱਤਾ ਹੈ, ਕੱਪੜਾ ਪਹਿਨਣ ਨੂੰ ਦਿੱਤਾ ਹੈ, ਹੋਰ ਅਨੇਕਾਂ ਸੁਆਦਲੇ ਪਦਾਰਥ ਭੋਗਣ ਨੂੰ ਦਿੱਤੇ ਹਨ।
7054	167	ਜਿਨਿ ਦੀਏ ਸੁ ਚਿਤਿ ਨ ਆਵਈ ਪਸੂ ਹਉ ਕਰਿ ਜਾਣੀ॥੩॥		Jin Dheeeae S Chith N Aavee Pasoo Ho Kar Jaanee ||3||	But they do not remember the One who gave them all this. The animals think that they made themselves! ||3||	ਪਰ ਜਿਸ ਪਰਮਾਤਮਾ ਨੇ ਇਹ ਸਾਰੇ ਪਦਾਰਥ ਦਿੱਤੇ ਹਨ, ਉਹ ਮੈਨੂੰ ਕਦੇ ਚੇਤੇ ਭੀ ਨਹੀਂ ਆਉਂਦਾ ਹੈ। ਮੈਂ (ਮੂਰਖ-) ਪਸ਼ੂ ਆਪਣੇ ਆਪ ਨੂੰ ਵੱਡਾ ਕਰ ਕੇ ਜਾਣਦਾ ਹਾਂ ॥੩॥

7055	167	ਸਭੁ ਕੀਤਾ ਤੇਰਾ ਵਰਤਦਾ ਤੂੰ ਅੰਤਰਜਾਮੀ॥		Sabh Keethaa Thaeraa Varathadhaa Thoon Antharajaamee ||	You made them all; You are all-pervading. You are the Inner-knower, the Searcher of hearts.	(ਹੇ ਪ੍ਰਭੂ! ਸਾਡੇ ਜੀਵਾਂ ਦੇ ਵੱਸ ਭੀ ਕੀਹ ਹੈ? ਜਗਤ ਵਿਚ ਜੋ ਕੁਝ ਹੋ ਰਿਹਾ ਹੈ) ਸਭ ਤੇਰਾ ਕੀਤਾ ਹੋ ਰਿਹਾ ਹੈ, ਤੂੰ ਹਰੇਕ ਜੀਵ ਦੇ ਦਿਲ ਦੀ ਜਾਣਦਾ ਹੈਂ।
7056	167	ਹਮ ਜੰਤ ਵਿਚਾਰੇ ਕਿਆ ਕਰਹ ਸਭੁ ਖੇਲੁ ਤੁਮ ਸੁਆਮੀ॥		Ham Janth Vichaarae Kiaa Kareh Sabh Khael Thum Suaamee ||	What can these wretched creatures do? This whole drama is Yours, O Lord and Master.	ਅਸੀਂ ਨਿਮਾਣੇ ਜੀਵ (ਤੈਥੋਂ ਆਕੀ ਹੋ ਕੇ) ਕੀਹ ਕਰ ਸਕਦੇ ਹਾਂ? ਹੇ ਸੁਆਮੀ! ਇਹ ਸਾਰਾ ਤੇਰਾ ਹੀ ਖੇਲ ਹੋ ਰਿਹਾ ਹੈ।
7057	167	ਜਨ ਨਾਨਕੁ ਹਾਟਿ ਵਿਹਾਝਿਆ ਹਰਿ ਗੁਲਮ ਗੁਲਾਮੀ॥੪॥੬॥੧੨॥੫੦॥	ਆਪ ਜੀ ਦੀ ਸਾਧਸੰਗਤ ਰੂਪੀ (ਹਾਟਿ) ਹੱਟੀ ਤ੍ਰੇ, ਆਪ ਜੀ ਦਾ (ਵਿਹਾਝਿਆ) ਖ਼ਰੀਦਿਆ, ਆਪ ਜੀ ਦੀ (ਗੁਲਾਮੀ) ਚਾਕਰੀ ਕਰਨ ਵਾਲਾ (ਗੁਲਮ) ਗੋਲਾ ਹੈ	Jan Naanak Haatt Vihaajhiaa Har Gulam Gulaamee ||4||6||12||50||	Servant Nanak was purchased in the slave-market. He is the slave of the Lord's slaves. ||4||6||12||50||	(ਜਿਵੇਂ ਕੋਈ ਗ਼ੁਲਾਮ ਮੰਡੀ ਵਿਚੋਂ ਖ਼ਰੀਦਿਆ ਜਾਂਦਾ ਹੈ, ਤਿਵੇਂ) ਇਹ ਤੇਰਾ ਦਾਸ ਨਾਨਕ (ਤੇਰੀ ਸਾਧ-ਸੰਗਤਿ) ਹੱਟੀ ਵਿਚ (ਤੇਰੇ ਸੋਹਣੇ ਨਾਮ ਤੋਂ) ਵਿਕਿਆ ਹੋਇਆ ਹੈ, ਤੇਰੇ ਗ਼ੁਲਾਮਾਂ ਦਾ ਗ਼ੁਲਾਮ ਹੈ ॥੪॥੬॥੧੨॥੫੦॥
7058	168	ਗਉੜੀ ਬੈਰਾਗਣਿ ਮਹਲਾ ੪॥		Gourree Bairaagan Mehalaa 4 ||	Gauree Bairaagan, Fourth Mehl:	
7059	168	ਜਿਉ ਜਨਨੀ ਸੁਤੁ ਜਣਿ ਪਾਲਤੀ ਰਾਖੈ ਨਦਰਿ ਮਝਾਰਿ॥	(ਜਣਿ) ਜਨਮ ਦੇ ਕੇ। (ਨਦਰਿ) ਨਜ਼ਰ (ਮਝਾਰਿ) ਵਿੱਚ	Jio Jananee Suth Jan Paalathee Raakhai Nadhar Majhaar ||	Just as the mother, having given birth to a son, feeds him and keeps him in her vision	ਜਿਵੇਂ ਮਾਂ ਪੁੱਤਰ ਨੂੰ ਜਨਮ ਦੇ ਕੇ (ਉਸ ਨੂੰ) ਆਪਣੀ ਨਜ਼ਰ ਹੇਠ ਰੱਖਦੀ ਹੈ ਤੇ ਪਾਲਦੀ ਹੈ।

7060	168	ਅੰਤਰਿ ਬਾਹਰਿ ਮੁਖਿ ਦੇ ਗਿਰਾਸੁ ਖਿਨੁ ਖਿਨੁ ਪੋਚਾਰਿ॥	(ਗਿਰਾਸੁ) ਗਿਰਾਹੀ। (ਪੋਚਾਰਿ) ਪਿਆਰ ਲਾਡ ਨਾਲ	Anthar Baahar Mukh Dhae Giraas Khin Khin Pochaar ||	- indoors and outdoors, she puts food in his mouth; each and every moment, she caresses him.	(ਘਰ ਵਿਚ) ਅੰਦਰ ਬਾਹਰ (ਕੰਮ ਕਰਦੀ ਹੋਈ ਭੀ) ਖਿਨ ਖਿਨ ਪਿਆਰ ਕਰ ਕੇ (ਉਸ ਪੁੱਤਰ ਦੇ) ਮੂੰਹ ਵਿਚ ਗਿਰਾਹੀ ਦੇਂਦੀ ਰਹਿੰਦੀ ਹੈ।
7061	168	ਤਿਉ ਸਤਿਗੁਰੁ ਗੁਰਸਿਖ ਰਾਖਤਾ ਹਰਿ ਪ੍ਰੀਤਿ ਪਿਆਰਿ॥੧॥		Thio Sathigur Gurasikh Raakhathaa Har Preeth Piaar ||1||	In just the same way, the True Guru protects His GurSikhs, who love their Beloved Lord. ||1||	ਇਸੇ ਤਰ੍ਹਾਂ ਗੁਰੂ ਸਤਿਗੁਰੂ ਸਿੱਖਾਂ ਨੂੰ ਪਰਮਾਤਮਾ ਦੀ ਪ੍ਰੀਤਿ (ਦੀ ਆਤਮਕ ਖ਼ੁਰਾਕ) ਦੇ ਕੇ ਪਿਆਰ ਨਾਲ ਸੰਭਾਲਦਾ ਹੈ ॥੧॥
7062	168	ਮੇਰੇ ਰਾਮ ਹਮ ਬਾਰਿਕ ਹਰਿ ਪ੍ਰਭ ਕੇ ਹੈ ਇਆਣੇ॥		Maerae Raam Ham Baarik Har Prabh Kae Hai Eiaanae ||	O my Lord, we are just the ignorant children of our Lord God.	ਹੇ ਮੇਰੇ ਰਾਮ! ਹੇ ਹਰੀ! ਹੇ ਪ੍ਰਭੂ! ਅਸੀਂ ਤੇਰੇ ਅੰਞਾਣ ਬੱਚੇ ਹਾਂ।
7063	168	ਧੰਨੁ ਧੰਨੁ ਗੁਰੂ ਗੁਰੁ ਸਤਿਗੁਰੁ ਪਾਧਾ ਜਿਨਿ ਹਰਿ ਉਪਦੇਸੁ ਦੇ ਕੀਏ ਸਿਆਣੇ॥੧॥ਰਹਾਉ ॥	(ਪਾਧਾ) ਉਪਦੇਸ਼ ਦੇਣ ਵਾਲੇ	Dhhann Dhhann Guroo Gur Sathigur Paadhhaa Jin Har Oupadhaes Dhae Keeeae Siaanae ||1|| Rehaao ||	Hail, hail, to the Guru, the Guru, the True Guru, the Divine Teacher who has made me wise through the Lord's Teachings. ||1||Pause||	ਸ਼ਾਬਾਸ਼ੇ ਉਪਦੇਸ਼-ਦਾਤੇ ਗੁਰੂ ਸਤਿਗੁਰੂ ਨੂੰ, ਜਿਸ ਨੇ ਹਰਿ-ਨਾਮ ਦਾ ਉਪਦੇਸ਼ ਦੇ ਕੇ ਸਾਨੂੰ ਸਿਆਣੇ ਬਣਾ ਦਿੱਤਾ ਹੈ ॥੧॥ ਰਹਾਉ ॥

7064	168	ਜੈਸੀ ਗਗਨਿ ਫਿਰੰਤੀ ਊਡਤੀ ਕਪਰੇ ਬਾਗੇ ਵਾਲੀ॥	(ਬਾਗੇ) ਚਿੱਟੇ (ਕੱਪਰੇ) ਕੱਪੜੇ, ਖੰਭਾਂ ਵਾਲੀ ਕੂੰਜ	Jaisee Gagan Firanthee Ooddathee Kaparae Baagae Vaalee ||	The white flamingo circles through the sky,	ਜਿਵੇਂ ਚਿੱਟੇ ਖੰਭਾਂ ਵਾਲੀ (ਕੂੰਜ) ਆਸਮਾਨ ਵਿਚ ਉੱਡਦੀ ਫਿਰਦੀ ਹੈ,
7065	168	ਓਹ ਰਾਖੈ ਚੀਤੁ ਪੀਛੈ ਬਿਚਿ ਬਚਰੇ ਨਿਤ ਹਿਰਦੈ ਸਾਰਿ ਸਮਾਲੀ॥	(ਬਚਰੇ) ਬੱਚੇ। (ਸਾਰਿ) ਚੇਤੇ ਕਰਕੇ	Ouh Raakhai Cheeth Peeshhai Bich Bacharae Nith Hiradhai Saar Samaalee ||	But she keeps her young ones in her mind; she has left them behind, but she constantly remembers them in her heart.	ਪਰ ਉਹ ਪਿੱਛੇ (ਰਹੇ ਹੋਏ ਆਪਣੇ) ਨਿੱਕੇ ਨਿੱਕੇ ਬੱਚਿਆਂ ਵਿਚ ਆਪਣਾ ਚਿੱਤ ਰੱਖਦੀ ਹੈ, ਸਦਾ ਉਹਨਾਂ ਨੂੰ ਆਪਣੇ ਹਿਰਦੇ ਵਿਚ ਸਾਂਭਦੀ ਹੈ ਸੰਭਾਲਦੀ ਹੈ।
7066	168	ਤਿਉ ਸਤਿਗੁਰ ਸਿਖ ਪ੍ਰੀਤਿ ਹਰਿ ਹਰਿ ਕੀ ਗੁਰੁਸਿਖ ਰਖੈ ਜੀਅ ਨਾਲੀ॥੨॥		Thio Sathigur Sikh Preeth Har Har Kee Gur Sikh Rakhai Jeea Naalee ||2||	In just the same way, the True Guru loves His Sikhs. The Lord cherishes His GurSikhs, and keeps them clasped to His Heart. ||2||	ਇਸੇ ਤਰ੍ਹਾਂ ਗੁਰੂ ਤੇ ਸਿੱਖ ਦੀ ਪ੍ਰੀਤਿ ਹੈ, ਗੁਰੂ ਆਪਣੇ ਸਿੱਖਾਂ ਨੂੰ ਹਰੀ ਦੀ ਪ੍ਰੀਤਿ ਦੇ ਕੇ ਉਹਨਾਂ ਨੂੰ ਆਪਣੀ ਜਿੰਦ ਦੇ ਨਾਲ ਰੱਖਦਾ ਹੈ ॥੨॥
7067	168	ਜੈਸੇ ਕਾਤੀ ਤੀਸ ਬਤੀਸ ਹੈ ਵਿਚਿ ਰਾਖੈ ਰਸਨਾ ਮਾਸ ਰਤੁ ਕੇਰੀ॥	ਤੀਸ ਬਤੀਸ ਦੰਦਾਂ ਰੂਪ (ਕਾੱਤੀ) ਕੈਂਚੀ। (ਕੇਰੀ) ਦੀ। ਬੱਤੀਸ ਰੱਤੁ	Jaisae Kaathee Thees Bathees Hai Vich Raakhai Rasanaa Maas Rath Kaeree ||	Just as the tongue, made of flesh and blood, is protected within the scissors of the thirty-two teeth	ਜਿਵੇਂ ਤੀਹਾਂ ਬੱਤੀਆਂ (ਦੰਦਾਂ) ਦੀ ਕੈਂਚੀ ਹੈ (ਉਸ ਕੈਂਚੀ) ਵਿਚ (ਪਰਮਾਤਮਾ) ਮਾਸ ਤੇ ਲਹੂ ਦੀ ਬਣੀ ਹੋਈ ਜੀਭ ਨੂੰ (ਬਚਾ ਕੇ) ਰੱਖਦਾ ਹੈ।

7068	168	ਕੋਈ ਜਾਣਹੁ ਮਾਸ ਕਾਤੀ ਕੈ ਕਿਛੁ ਹਾਥਿ ਹੈ ਸਭ ਵਸਗਤਿ ਹੈ ਹਰਿ ਕੇਰੀ॥	ਕਾੱਤੀ। (ਵੱਸ-ਗਤਿ) ਅਧੀਨ। (ਕੇਰੀ) ਦੇ। ਗਤਿ: ਪੋਲਾ ਬੋਲੋ	Koee Jaanahu Maas Kaathee Kai Kishh Haathh Hai Sabh Vasagath Hai Har Kaeree ||	Who thinks that the power lies in the flesh or the scissors? Everything is in the Power of the Lord.	ਕੋਈ ਮਨੁੱਖ ਪਿਆ ਸਮਝੇ ਕਿ (ਬਚ ਕੇ ਰਹਿਣਾ ਜਾਂ ਬਚਾ ਕੇ ਰੱਖਣਾ) ਮਾਸ ਦੀ ਜੀਭ ਦੇ ਹੱਥ ਵਿਚ ਹੈ ਜਾਂ (ਦੰਦਾਂ ਦੀ) ਕੈਂਚੀ ਦੇ ਵੱਸ ਵਿਚ ਹੈ, ਇਹ ਤਾਂ ਪਰਮਾਤਮਾ ਦੇ ਵੱਸ ਵਿਚ ਹੀ ਹੈ।
7069	168	ਤਿਉ ਸੰਤ ਜਨਾ ਕੀ ਨਰ ਨਿੰਦਾ ਕਰਹਿ ਹਰਿ ਰਾਖੈ ਪੈਜ ਜਨ ਕੇਰੀ॥੩॥	(ਪੈਜ) ਇੱਜ਼ਤ	Thio Santh Janaa Kee Nar Nindhaa Karehi Har Raakhai Paij Jan Kaeree ||3||	In just the same way, when someone slanders the Saint, the Lord preserves the honor of His servant. ||3||	ਇਸੇ ਤਰ੍ਹਾਂ ਲੋਕ ਤਾਂ ਸੰਤ ਜਨਾਂ ਦੀ ਨਿੰਦਾ ਕਰਦੇ ਹਨ, ਪਰ ਪਰਮਾਤਮਾ ਆਪਣੇ ਸੇਵਕਾਂ ਦੀ ਲਾਜ (ਹੀ) ਰੱਖਦਾ ਹੈ ॥੩॥
7070	168	ਭਾਈ ਮਤ ਕੋਈ ਜਾਣਹੁ ਕਿਸੀ ਕੈ ਕਿਛੁ ਹਾਥਿ ਹੈ ਸਭ ਕਰੇ ਕਰਾਇਆ॥		Bhaaee Math Koee Jaanahu Kisee Kai Kishh Haathh Hai Sabh Karae Karaaeiaa ||	O Siblings of Destiny, let none think that they have any power. All act as the Lord causes them to act.	(ਹੇ ਭਾਈ!) ਮਤਾਂ ਕੋਈ ਸਮਝੇ ਕਿ ਕਿਸੇ ਮਨੁੱਖ ਦੇ ਕੁਝ ਵੱਸ ਵਿਚ ਹੈ। ਇਹ ਤਾਂ ਸਭ ਕੁਝ ਪਰਮਾਤਮਾ ਆਪ ਹੀ ਕਰਦਾ ਹੈ ਆਪ ਹੀ ਕਰਾਂਦਾ ਹੈ।

7071	168	ਜਰਾ ਮਰਾ ਤਾਪੁ ਸਿਰਤਿ ਸਾਪੁ ਸਭੁ ਹਰਿ ਕੈ ਵਸਿ ਹੈ ਕੋਈ ਲਾਗਿ ਨ ਸਕੈ ਬਿਨੁ ਹਰਿ ਕਾ ਲਾਇਆ॥	ਠੰਢਾ ਤੱਤਾ ਤਾਪੁ। (ਸਿਰਤਿ) ਛਿਲਤ ਲੱਗਣੀ, ਅੱਧਾ ਸਿਰ ਦੁਖਣਾ। (ਸਾਪੁ) ਸੱਪ	Jaraa Maraa Thaap Sirath Saap Sabh Har Kai Vas Hai Koee Laag N Sakai Bin Har Kaa Laaeiaa ||	Old age, death, fever, poisons and snakes - everything is in the Hands of the Lord. Nothing can touch anyone without the Lord's Order.	ਬੁਢੇਪਾ, ਮੌਤ, ਸਿਰ-ਪੀੜ, ਤਾਪ ਆਦਿਕ ਹਰੇਕ (ਦੁਖ-ਕਲੇਸ਼) ਪਰਮਾਤਮਾ ਦੇ ਵੱਸ ਵਿਚ ਹੈ। ਪਰਮਾਤਮਾ ਦੇ ਲਾਏ ਤੋਂ ਬਿਨਾ ਕੋਈ ਰੋਗ (ਕਿਸੇ ਜੀਵ ਨੂੰ) ਲੱਗ ਨਹੀਂ ਸਕਦਾ।
7072	168	ਐਸਾ ਹਰਿ ਨਾਮੁ ਮਨਿ ਚਿਤਿ ਨਿਤਿ ਧਿਆਵਹੁ ਜਨ ਨਾਨਕ ਜੋ ਅੰਤੀ ਅਉਸਰਿ ਲਏ ਛਡਾਇਆ॥੪॥੭॥ ੧੩॥੫੧॥	(ਅੰਤੀ) ਅੰਤ (ਅਉਸਰਿ) ਸਮੇਂ	Aisaa Har Naam Man Chith Nith Dhhiaavahu Jan Naanak Jo Anthee Aousar Leae Shhaddaaeiaa ||4||7||13||51||	Within your conscious mind, O servant Nanak, meditate forever on the Name of the Lord, who shall deliver you in the end. ||4||7||13||51||	ਹੇ ਦਾਸ ਨਾਨਕ! ਜੇਹੜਾ ਹਰਿ-ਨਾਮ ਅਖ਼ੀਰਲੇ ਸਮੇ (ਜਮ ਆਦਿਕਾਂ ਤੋਂ) ਛੁਡਾ ਲੈਂਦਾ ਹੈ ਉਸ ਨੂੰ ਆਪਣੇ ਮਨ ਵਿਚ ਚਿੱਤ ਵਿਚ ਸਦਾ ਸਿਮਰਦੇ ਰਹੋ ॥੪॥੭॥੧੩॥੫੧॥
7073	168	ਗਉੜੀ ਬੈਰਾਗਣਿ ਮਹਲਾ ੪॥		Gourree Bairaagan Mehalaa 4 ||	Gauree Bairaagan, Fourth Mehl:	

7074	168	ਜਿਸੁ ਮਿਲਿਐ ਮਨਿ ਹੋਇ ਅਨੰਦੁ ਸੋ ਸਤਿਗੁਰੁ ਕਹੀਐ॥		Jis Miliai Man Hoe Anandh So Sathigur Keheeai ||	Meeting Him, the mind is filled with bliss. He is called the True Guru.	ਜਿਸ ਦੇ ਮਿਲਿਆਂ ਮਨ ਵਿਚ ਆਨੰਦ ਪੈਦਾ ਹੋ ਜਾਏ, ਉਸ ਨੂੰ ਹੀ ਗੁਰੂ ਕਿਹਾ ਜਾ ਸਕਦਾ ਹੈ।
7075	168	ਮਨ ਕੀ ਦੁਬਿਧਾ ਬਿਨਸਿ ਜਾਇ ਹਰਿ ਪਰਮਪਦੁ ਲਹੀਐ॥੧॥	(ਦੁਬਿਧਾ) ਦੁਚਿੱਤੀ। (ਪਰਮਪਦੁ) ਉੱਚੀ ਸੱਚੀ ਸੁੱਚੀ ਆਤਮਕ ਅਵਸਥਾ	Man Kee Dhubidhhaa Binas Jaae Har Param Padh Leheeai ||1||	Double-mindedness departs, and the supreme status of the Lord is obtained. ||1||	(ਜਿਸ ਦੇ ਮਿਲਾਪ ਨਾਲ) ਮਨ ਦੀ ਡਾਵਾਂ ਡੋਲ ਹਾਲਤ ਮੁੱਕ ਜਾਏ, ਪਰਮਾਤਮਾ ਦੇ ਮਿਲਾਪ ਦੀ ਸਭ ਤੋਂ ਉੱਚੀ ਆਤਮਕ ਅਵਸਥਾ ਪੈਦਾ ਹੋ ਜਾਏ, ਉਹੋ ਹੀ ਗੁਰੂ ਹੈ ॥੧॥
7076	168	ਮੇਰਾ ਸਤਿਗੁਰੁ ਪਿਆਰਾ ਕਿਤੁ ਬਿਧਿ ਮਿਲੈ॥	ਬਿਧਿ: ਪੋਲਾ ਬੋਲੋ	Maeraa Sathigur Piaaraa Kith Bidhh Milai ||	How can I meet my Beloved True Guru?	(ਹੇ ਭਾਈ! ਦੱਸ) ਮੇਰਾ ਪਿਆਰਾ ਗੁਰੂ (ਮੈਨੂੰ) ਕਿਸ ਤਰੀਕੇ ਨਾਲ ਮਿਲ ਸਕਦਾ ਹੈ?
7077	168	ਹਉ ਖਿਨੁ ਖਿਨੁ ਕਰੀ ਨਮਸਕਾਰੁ ਮੇਰਾ ਗੁਰੁ ਪੂਰਾ ਕਿਉ ਮਿਲੈ॥੧॥ਰਹਾਉ॥		Ho Khin Khin Karee Namasakaar Maeraa Gur Pooraa Kio Milai ||1|| Rehaao ||	Each and every moment, I humbly bow to Him. How will I meet my Perfect Guru? ||1||Pause||	(ਜੇਹੜਾ ਮਨੁੱਖ ਮੈਨੂੰ ਇਹ ਦੱਸੇ ਕਿ) ਮੇਰਾ ਗੁਰੂ ਮੈਨੂੰ ਕਿਵੇਂ ਮਿਲ ਸਕਦਾ ਹੈ (ਉਸ ਦੇ ਅੱਗੇ) ਮੈਂ ਹਰ ਖਿਨ ਸਿਰ ਨਿਵਾਂਦਾ ਹਾਂ ॥੧॥ ਰਹਾਉ ॥

7078	168	ਕਰਿ ਕਿਰਪਾ ਹਰਿ ਮੇਲਿਆ ਮੇਰਾ ਸਤਿਗੁਰੁ ਪੂਰਾ॥		Kar Kirapaa Har Maeliaa Maeraa Sathigur Pooraa ||	Granting His Grace, the Lord has led me to meet my Perfect True Guru.	ਪਰਮਾਤਮਾ ਨੇ ਕਿਰਪਾ ਕਰ ਕੇ ਜਿਸ ਮਨੁੱਖ ਨੂੰ ਮੇਰਾ ਪੂਰਾ ਗੁਰੂ ਮਿਲਾ ਦਿੱਤਾ,
7079	168	ਇਛ ਪੁੰਨੀ ਜਨ ਕੇਰੀਆ ਲੇ ਸਤਿਗੁਰ ਧੂਰਾ॥੨॥	(ਇੱਛ) ਇੱਛਾ (ਪੁੰਨੀ) ਪੂਰਨ ਕੀਤੀ। (ਕੇਰੀਆ) ਦੀ। (ਧੂਰਾ) ਚਰਨਧੂੜ	Eishh Punnee Jan Kaereeaa Lae Sathigur Dhhooraa ||2||	The desire of His humble servant has been fulfilled. I have received the dust of the Feet of the True Guru. ||2||	ਗੁਰੂ ਦੇ ਚਰਨਾਂ ਦੀ ਧੂੜ ਹਾਸਲ ਕਰ ਕੇ ਉਸ ਮਨੁੱਖ ਦੀ (ਹਰੇਕ ਕਿਸਮ ਦੀ) ਇੱਛਾ ਪੂਰੀ ਹੋ ਜਾਂਦੀ ਹੈ ॥੨॥
7080	168	ਹਰਿ ਭਗਤਿ ਦ੍ਰਿੜਾਵੈ ਹਰਿ ਭਗਤਿ ਸੁਣੈ ਤਿਸੁ ਸਤਿਗੁਰ ਮਿਲੀਐ॥		Har Bhagath Dhrirraavai Har Bhagath Sunai This Sathigur Mileeai ||	Those who meet the True Guru implant devotional worship to the Lord, and listen to this devotional worship of the Lord.	(ਹੇ ਭਾਈ!) ਉਸ ਗੁਰੂ ਨੂੰ ਮਿਲਣਾ ਚਾਹੀਦਾ ਹੈ ਜੇਹੜਾ (ਮਨੁੱਖ ਦੇ ਹਿਰਦੇ ਵਿਚ) ਪਰਮਾਤਮਾ ਦੀ ਭਗਤੀ ਪੱਕੀ ਬਿਠਾ ਦੇਂਦਾ ਹੈ (ਜਿਸ ਨੂੰ ਮਿਲ ਕੇ ਮਨੁੱਖ) ਪਰਮਾਤਮਾ ਦੀ ਸਿਫ਼ਤ-ਸਾਲਾਹ (ਸ਼ੌਕ ਨਾਲ) ਸੁਣਦਾ ਹੈ,
7081	168	ਤੋਟਾ ਮੂਲਿ ਨ ਆਵਈ ਹਰਿ ਲਾਭੁ ਨਿਤਿ ਦ੍ਰਿੜੀਐ॥੩॥	(ਤੋਟਾ) ਘਾਟ	Thottaa Mool N Aavee Har Laabh Nith Dhrirreeai ||3||	They never suffer any loss; they continually earn the profit of the Lord. ||3||	(ਜਿਸ ਨੂੰ ਮਿਲ ਕੇ ਮਨੁੱਖ) ਪਰਮਾਤਮਾ ਦੇ ਨਾਮ-ਧਨ ਦੀ ਖੱਟੀ ਸਦਾ ਖੱਟਦਾ ਹੈ (ਤੇ ਇਸ ਖੱਟੀ ਵਿਚ) ਕਦੇ ਘਾਟਾ ਨਹੀਂ ਪੈਂਦਾ ॥੩॥

7082	168	ਜਿਸ ਕਉ ਰਿਦੈ ਵਿਗਾਸੁ ਹੈ ਭਾਉ ਦੂਜਾ ਨਾਹੀ॥	(ਵਿਗਾਸੁ) ਪ੍ਰਕਾਸ਼	Jis Ko Ridhai Vigaas Hai Bhaao Dhoojaa Naahee ||	One whose heart blossoms forth, is not in love with duality.	ਹੇ ਨਾਨਕ! ਜਿਸ ਗੁਰੂ ਨੂੰ (ਧੁਰੋਂ ਪ੍ਰਭੂ ਵਲੋਂ) ਹਿਰਦੇ ਦਾ ਖਿੜਾਉ ਮਿਲਿਆ ਹੋਇਆ ਹੈ (ਜਿਸ ਦੇ ਅੰਦਰ) ਪਰਮਾਤਮਾ ਤੋਂ ਬਿਨਾ ਕੋਈ ਹੋਰ ਮੋਹ ਨਹੀਂ,
7083	168	ਨਾਨਕ ਤਿਸੁ ਗੁਰ ਮਿਲਿ ਉਧਰੈ ਹਰਿ ਗੁਣ ਗਾਵਾਹੀ॥੪॥੮॥੧੪॥੫੨॥	ਦੂਜਿਆਂ ਨੂੰ (ਉ-ਧਰੈ) ਉਧਾਰਦਾ ਹੈ	Naanak This Gur Mil Oudhharai Har Gun Gaavaahee ||4||8||14||52||	O Nanak, meeting the Guru, one is saved, singing the Glorious Praises of the Lord. ||4||8||14||52||	ਉਸ ਗੁਰੂ ਨੂੰ ਮਿਲ ਕੇ ਮਨੁੱਖ (ਵਿਕਾਰਾਂ ਤੋਂ) ਬਚ ਨਿਕਲਦਾ ਹੈ (ਉਸ ਗੁਰੂ ਨੂੰ ਮਿਲ ਕੇ ਮਨੁੱਖ) ਪਰਮਾਤਮਾ ਦੇ ਗੁਣ ਗਾਂਦੇ ਹਨ ॥੪॥੮॥੧੪॥੫੨॥
7084	168	ਮਹਲਾ ੪ ਗਉੜੀ ਪੂਰਬੀ॥		Mehalaa 4 Gourree Poorabee ||	Fourth Mehl, Gauree Poorbee:	
7085	168	ਹਰਿ ਦਇਆਲਿ ਦਇਆ ਪ੍ਰਭਿ ਕੀਨੀ ਮੇਰੈ ਮਨਿ ਤਨਿ ਮੁਖਿ ਹਰਿ ਬੋਲੀ॥		Har Dhaeiaal Dhaeiaa Prabh Keenee Maerai Man Than Mukh Har Bolee ||	The Merciful Lord God showered me with His Mercy; with mind and body and mouth, I chant the Lord's Name.	ਦਇਆਲ ਹਰਿ-ਪ੍ਰਭੂ ਨੇ ਮੇਰੇ ਉਤੇ ਮਿਹਰ ਕੀਤੀ ਤੇ ਉਸ ਮੇਰੇ ਮਨ ਵਿਚ ਤਨ ਵਿਚ ਮੇਰੇ ਮੂੰਹ ਵਿਚ ਆਪਣੀ ਸਿਫ਼ਤ-ਸਾਲਾਹ ਦੀ ਬਾਣੀ ਰੱਖ ਦਿੱਤੀ।

7086	168	ਗੁਰਮੁਖਿ ਰੰਗੁ ਭਇਆ ਅਤਿ ਗੂੜਾ ਹਰਿ ਰੰਗਿ ਭੀਨੀ ਮੇਰੀ ਚੋਲੀ॥੧॥	(ਭੀਨੀ) ਭਿੱਜ ਗਈ। (ਚੋਲੀ) ਬੁੱਧੀ	Guramukh Rang Bhaeiaa Ath Goorraa Har Rang Bheenee Maeree Cholee ||1||	As Gurmukh, I have been dyed in the deep and lasting color of the Lord's Love. The robe of my body is drenched with His Love. ||1||	ਮੇਰੇ ਹਿਰਦੇ ਦੀ ਚੋਲੀ (ਭਾਵ, ਮੇਰਾ ਹਿਰਦਾ) ਪ੍ਰਭੂ-ਨਾਮ ਦੇ ਰੰਗ ਵਿਚ ਭਿੱਜ ਗਈ, ਗੁਰੂ ਦੀ ਸਰਨ ਪੈ ਕੇ ਉਹ ਰੰਗ ਬਹੁਤ ਗੂੜ੍ਹਾ ਹੋ ਗਿਆ ॥੧॥
7087	168	ਅਪੁਨੇ ਹਰਿ ਪ੍ਰਭ ਕੀ ਹਉ ਗੋਲੀ॥	ਗੋੱਲੀ	Apunae Har Prabh Kee Ho Golee ||	I am the maid-servant of my Lord God.	ਮੈਂ ਆਪਣੇ ਹਰੀ ਦੀ ਪ੍ਰਭੂ ਦੀ ਦਾਸੀ (ਬਣ ਗਈ) ਹਾਂ।
7088	168	ਜਬ ਹਮ ਹਰਿ ਸੇਤੀ ਮਨੁ ਮਾਨਿਆ ਕਰਿ ਦੀਨੋ ਜਗਤੁ ਸਭੁ ਗੋਲ ਅਮੋਲੀ॥੧॥ਰਹਾਉ॥	(ਗੋਲ) ਗੋਲਾ ਸੇਵਕ। (ਅਮੋਲੀ) ਬਿਨਾ ਮੁੱਲ ਦਿੱਤੇ। ਜੱਗ-ਤੁ	Jab Ham Har Saethee Man Maaniaa Kar Dheeno Jagath Sabh Gol Amolee ||1|| Rehaao ||	When my mind surrendered to the Lord, He made all the world my slave. ||1||Pause||	ਜਦੋਂ ਮੇਰਾ ਮਨ ਪਰਮਾਤਮਾ (ਦੀ ਯਾਦ ਦੇ) ਨਾਲ ਗਿੱਝ ਗਿਆ, ਪਰਮਾਤਮਾ ਨੇ ਸਾਰੇ ਜਗਤ ਨੂੰ ਮੇਰਾ ਬੇ-ਮੁੱਲਾ ਦਾਸ ਬਣਾ ਦਿੱਤਾ ॥੧॥ ਰਹਾਉ ॥
7089	168	ਕਰਹੁ ਬਿਬੇਕੁ ਸੰਤ ਜਨ ਭਾਈ ਖੋਜਿ ਹਿਰਦੈ ਦੇਖਿ ਢੰਢੋਲੀ॥	(ਬਿਬੇਕੁ) ਵਿਚਾਰ। (ਢੰਢੋਲੀ) ਲੱਭ ਕੇ	Karahu Bibaek Santh Jan Bhaaee Khoj Hiradhai Dhaekh Dtandtolee ||	Consider this well, O Saints, O Siblings of Destiny - search your own hearts, seek and find Him there.	ਹੇ ਸੰਤ ਜਨ ਭਰਾਵੋ! ਤੁਸੀ ਆਪਣੇ ਹਿਰਦੇ ਵਿਚ ਖੋਜ-ਭਾਲ ਕਰ ਕੇ ਵੇਖ ਕੇ ਵਿਚਾਰ ਕਰੋ (ਤੁਹਾਨੂੰ ਇਹ ਗੱਲ ਪਰਤੱਖ ਦਿੱਸ ਪਏਗੀ.

7090	168	ਹਰਿ ਹਰਿ ਰੂਪੁ ਸਭ ਜੋਤਿ ਸਬਾਈ ਹਰਿ ਨਿਕਟਿ ਵਸੈ ਹਰਿ ਕੋਲੀ॥੨॥	(ਸਬਾਈ) ਸਾਰੀ ਸ੍ਰਿਸ਼ਟੀ। (ਕੋਲੀ) ਕੋਲ਼	Har Har Roop Sabh Joth Sabaaee Har Nikatt Vasai Har Kolee ||2||	The Beauty and the Light of the Lord, Har, Har, is present in all. In all places, the Lord dwells near by, close at hand. ||2||	ਕਿ ਇਹ ਸਾਰਾ ਜਗਤ) ਪਰਮਾਤਮਾ ਦਾ ਹੀ ਰੂਪ ਹੈ, ਸਾਰੀ ਸ੍ਰਿਸ਼ਟੀ ਵਿਚ ਪਰਮਾਤਮਾ ਦੀ ਹੀ ਜੋਤਿ ਵੱਸ ਰਹੀ ਹੈ। ਪਰਮਾਤਮਾ ਹਰੇਕ ਜੀਵ ਦੇ ਨੇੜੇ ਵੱਸਦਾ ਹੈ ਕੋਲ ਵੱਸਦਾ ਹੈ ॥੨॥
7091	169	ਹਰਿ ਹਰਿ ਨਿਕਟਿ ਵਸੈ ਸਭ ਜਗ ਕੈ ਅਪਰੰਪਰ ਪੁਰਖੁ ਅਤੋਲੀ॥	(ਅਪ-ਰੰਪਰ) ਬੇਅੰਤ। (ਪੁਰਖੁ) ਪੂਰਨ	Har Har Nikatt Vasai Sabh Jag Kai Aparanpar Purakh Atholee ||	The Lord, Har, Har, dwells close by, all over the world. He is Infinite, All-powerful and Immeasurable.	ਉਹ ਪਰਮਾਤਮਾ, ਜੋ ਪਰੇ ਤੋਂ ਪਰੇ ਹੈ ਜੋ ਸਰਬ-ਵਿਆਪਕ ਹੈ ਜਿਸ ਦੇ ਗੁਣ-ਸਮੂਹ ਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ, ਸਾਰੇ ਜਗਤ ਦੇ ਨੇੜੇ ਵੱਸ ਰਿਹਾ ਹੈ।
7092	169	ਹਰਿ ਹਰਿ ਪ੍ਰਗਟੁ ਕੀਓ ਗੁਰਿ ਪੂਰੈ ਸਿਰੁ ਵੇਚਿਓ ਗੁਰ ਪਹਿ ਮੋਲੀ॥੩॥	(ਮੋੱਲੀ) ਮੁੱਲ	Har Har Pragatt Keeou Gur Poorai Sir Vaechiou Gur Pehi Molee ||3||	The Perfect Guru has revealed the Lord, Har, Har, to me. I have sold my head to the Guru. ||3||	ਉਸ ਪਰਮਾਤਮਾ ਨੂੰ ਪੂਰੇ ਗੁਰੂ ਨੇ ਮੇਰੇ ਅੰਦਰ ਪਰਗਟ ਕੀਤਾ ਹੈ, (ਇਸ ਵਾਸਤੇ) ਮੈਂ ਆਪਣਾ ਸਿਰ ਗੁਰੂ ਪਾਸ ਮੁੱਲ ਤੋਂ ਵੇਚ ਦਿੱਤਾ ਹੈ (ਭਾਵ, ਆਪਣਾ ਕੋਈ ਹੱਕ-ਦਾਅਵਾ ਨਹੀਂ ਰੱਖਿਆ ਜਿਵੇਂ ਮੁੱਲ ਲੈ ਕੇ ਵੇਚੀ ਕਿਸੇ ਚੀਜ਼ ਉੱਤੇ ਹੱਕ ਨਹੀਂ ਰਹਿ ਜਾਂਦਾ) ॥੩॥
7093	169	ਹਰਿ ਜੀ ਅੰਤਰਿ ਬਾਹਰਿ ਤੁਮ ਸਰਣਾਗਤਿ ਤੁਮ ਵਡ ਪੁਰਖ ਵਡੋਲੀ॥	ਸਰਣਾਗਤਿ। (ਵਡੋੱਲੀ) ਵੱਡੇ	Har Jee Anthar Baahar Thum Saranaagath Thum Vadd Purakh Vaddolee ||	O Dear Lord, inside and outside, I am in the protection of Your Sanctuary; You are the Greatest of the Great, All-powerful Lord.	ਹੇ ਹਰੀ! (ਸਾਰੇ ਜਗਤ ਵਿਚ ਸਭ ਜੀਵਾਂ ਦੇ) ਅੰਦਰ ਬਾਹਰ ਤੂੰ ਵੱਸ ਰਿਹਾ ਹੈਂ। ਮੈਂ ਤੇਰੀ ਸਰਨ ਆਇਆ ਹਾਂ। ਮੇਰੇ ਵਾਸਤੇ ਤੂੰ ਹੀ ਸਭ ਤੋਂ ਵੱਡਾ ਮਾਲਕ ਹੈਂ।

7094	169	ਜਨੁ ਨਾਨਕੁ ਅਨ ਦਿਨੁ ਹਰਿ ਗੁਣ ਗਾਵੈ ਮਿਲਿ ਸਤਿਗੁਰ ਗੁਰ ਵੇਚੋਲੀ॥੪॥੧॥੧੫॥ ੫੩॥	(ਵੇਚੋੱਲੀ) ਵਿਚੋਲੇ	Jan Naanak Anadhin Har Gun Gaavai Mil Sathigur Gur Vaecholee ||4||1||15||53||	Servant Nanak sings the Glorious Praises of the Lord, night and day, meeting the Guru, the True Guru, the Divine Intermediary. ||4||1||15||53||	ਦਾਸ ਨਾਨਕ ਗੁਰੂ-ਵਿਚੋਲੇ ਨੂੰ ਮਿਲ ਕੇ ਹਰ ਰੋਜ਼ ਹਰੀ ਦੇ ਗੁਣ ਗਾਂਦਾ ਹੈ ॥੪॥੧॥੧੫॥੫੩॥
7095	169	ਗਉੜੀ ਪੂਰਬੀ ਮਹਲਾ ੪॥		Gourree Poorabee Mehalaa 4 ||	Gauree Poorbee, Fourth Mehl:	
7096	169	ਜਗਜੀਵਨ ਅਪਰੰਪਰ ਸੁਆਮੀ ਜਗਦੀਸੁਰ ਪੁਰਖ ਬਿਧਾਤੇ॥	(ਜੱਗਜੀਵਨ) ਜਗਤ ਦੇ ਜੀਵਨ ਰੂਪ। (ਅਪ-ਰੰਪਰ) ਬੇਅੰਤ। (ਜੱਗਦੀਸੁਰ) ਜਗਤ ਦੇ ਮਾਲਕ	Jagajeevan Aparanpar Suaamee Jagadheesur Purakh Bidhhaathae ||	Life of the World, Infinite Lord and Master, Master of the Universe, All-powerful Architect of Destiny.	ਹੇ ਜਗਤ ਦੇ ਜੀਵਨ ਪ੍ਰਭੂ! ਹੇ ਬੇਅੰਤ ਪ੍ਰਭੂ! ਹੇ ਸੁਆਮੀ! ਹੇ ਜਗਤ ਦੇ ਈਸ਼ਵਰ! ਹੇ ਸਰਬ-ਵਿਆਪਕ! ਹੇ ਸਿਰਜਣਹਾਰ!
7097	169	ਜਿਤੁ ਮਾਰਗਿ ਤੁਮ ਪ੍ਰੇਰਹੁ ਸੁਆਮੀ ਤਿਤੁ ਮਾਰਗਿ ਹਮ ਜਾਤੇ॥੧॥		Jith Maarag Thum Praerahu Suaamee Thith Maarag Ham Jaathae ||1||	Whichever way You turn me, O my Lord and Master, that is the way I shall go. ||1||	ਸਾਨੂੰ ਜੀਵਾਂ ਨੂੰ ਤੂੰ ਜਿਸ ਰਸਤੇ ਉਤੇ (ਤੁਰਨ ਲਈ) ਪ੍ਰੇਰਦਾ ਹੈਂ, ਅਸੀਂ ਉਸ ਰਸਤੇ ਉਤੇ ਹੀ ਤੁਰਦੇ ਹਾਂ ॥੧॥

7098	169	ਰਾਮ ਮੇਰਾ ਮਨੁ ਹਰਿ ਸੇਤੀ ਰਾਤੇ॥	(ਸੇਤੀ) ਨਾਲ	Raam Maeraa Man Har Saethee Raathae ||	O Lord, my mind is attuned to the Lord's Love.	ਹੇ ਰਾਮ (ਮਿਹਰ ਕਰ) ਮੇਰਾ ਮਨ ਤੇਰੇ (ਨਾਮ) ਵਿਚ ਰੰਗਿਆ ਰਹੇ।
7099	169	ਸਤਸੰਗਤਿ ਮਿਲਿ ਰਾਮੁ ਰਸੁ ਪਾਇਆ ਹਰਿ ਰਾਮੈ ਨਾਮਿ ਸਮਾਤੇ॥੧॥ਰਹਾਉ॥	(ਸਮਾਤੇ) ਸਮਾਉਂਦੇ, ਲੀਨ ਹੁੰਦੇ	Sathasangath Mil Raam Ras Paaeiaa Har Raamai Naam Samaathae ||1|| Rehaao ||	Joining the Sat Sangat, the True Congregation, I have obtained the sublime essence of the Lord. I am absorbed in the Name of the Lord. ||1||Pause||	(ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦੀ ਕਿਰਪਾ ਨਾਲ) ਸਾਧ ਸੰਗਤਿ ਵਿਚ ਮਿਲ ਕੇ ਰਾਮ-ਰਸ ਪ੍ਰਾਪਤ ਕਰ ਲਿਆ, ਉਹ ਪਰਮਾਤਮਾ ਦੇ ਨਾਮ ਵਿਚ ਹੀ ਮਸਤ ਰਹਿੰਦੇ ਹਨ ॥੧॥ ਰਹਾਉ ॥
7100	169	ਹਰਿ ਹਰਿ ਨਾਮੁ ਹਰਿ ਹਰਿ ਜਗਿ ਅਵਖਧੁ ਹਰਿ ਹਰਿ ਨਾਮੁ ਹਰਿ ਸਾਤੇ॥	(ਅਵਖਧੁ) ਦਵਾਈ। (ਸਾਤੇ) ਸੱਚਾ। ਜੱਗਿ	Har Har Naam Har Har Jag Avakhadhh Har Har Naam Har Saathae ||	The Lord, Har, Har, and the Name of the Lord, Har, Har, is the panacea, the medicine for the world. The Lord, and the Name of the Lord, Har, Har, bring peace and tranquility.	(ਹੇ ਭਾਈ!) ਪਰਮਾਤਮਾ ਦਾ ਨਾਮ ਜਗਤ ਵਿਚ (ਸਭ ਰੋਗਾਂ ਦੀ) ਦਵਾਈ ਹੈ, ਪਰਮਾਤਮਾ ਦਾ ਨਾਮ (ਆਤਮਕ) ਸ਼ਾਂਤੀ ਦੇਣ ਵਾਲਾ ਹੈ।
7101	169	ਤਿਨ ਕੇ ਪਾਪ ਦੋਖ ਸਭਿ ਬਿਨਸੇ ਜੋ ਗੁਰਮਤਿ ਰਾਮ ਰਸੁ ਖਾਤੇ॥੨॥	(ਬਿਨਸੇ) ਨਾਸ ਹੋਏ। (ਖਾਤੇ) ਖਾਂਦੇ	Thin Kae Paap Dhokh Sabh Binasae Jo Guramath Raam Ras Khaathae ||2||	Those who partake of the Lord's sublime essence, through the Guru's Teachings - their sins and sufferings are all eliminated. ||2||	ਜੇਹੜੇ ਮਨੁੱਖ ਗੁਰੂ ਦੀ ਮਤਿ ਲੈ ਕੇ ਪਰਮਾਤਮਾ ਦਾ ਨਾਮ-ਰਸ ਚੱਖਦੇ ਹਨ, ਉਹਨਾਂ ਦੇ ਸਾਰੇ ਪਾਪ ਸਾਰੇ ਐਬ ਨਾਸ ਹੋ ਜਾਂਦੇ ਹਨ ॥੨॥

7102	169	ਜਿਨ ਕਉ ਲਿਖਤੁ ਲਿਖੇ ਧੁਰਿ ਮਸਤਕਿ ਤੇ ਗੁਰ ਸੰਤੋਖ ਸਰਿ ਨਾਤੇ॥	ਨ੍ਹਾਤੇ	Jin Ko Likhath Likhae Dhhur Masathak Thae Gur Santhokh Sar Naathae ||	Those who have such pre-ordained destiny inscribed on their foreheads, bathe in the pool of contentment of the Guru.	ਜਿਨ੍ਹਾਂ ਮਨੁੱਖਾਂ ਦੇ ਮੱਥੇ ਉੱਤੇ ਧੁਰ ਦਰਗਾਹ ਤੋਂ (ਭਗਤੀ ਦਾ) ਲੇਖ ਲਿਖਿਆ ਜਾਂਦਾ ਹੈ, ਉਹ ਮਨੁੱਖ ਗੁਰੂ-ਰੂਪ ਸੰਤੋਖਸਰ ਵਿਚ ਇਸ਼ਨਾਨ ਕਰਦੇ ਹਨ (ਭਾਵ, ਉਹ ਮਨੁੱਖ ਗੁਰੂ ਵਿਚ ਆਪਣਾ ਆਪ ਲੀਨ ਕਰ ਦੇਂਦੇ ਹਨ ਤੇ ਉਹ ਸੰਤੋਖ ਵਾਲਾ ਜੀਵਨ ਜੀਊਂਦੇ ਹਨ)।
7103	169	ਦੁਰਮਤਿ ਮੈਲੁ ਗਈ ਸਭ ਤਿਨ ਕੀ ਜੋ ਰਾਮ ਨਾਮ ਰੰਗਿ ਰਾਤੇ॥੩॥		Dhuramath Mail Gee Sabh Thin Kee Jo Raam Naam Rang Raathae ||3||	The filth of evil-mindedness is totally washed away, from those who are imbued with the Love of the Lord's Name. ||3||	ਜੇਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ, ਉਹਨਾਂ ਦੀ ਭੈੜੀ ਮਤਿ ਵਾਲੀ ਸਾਰੀ ਮੈਲ ਦੂਰ ਹੋ ਜਾਂਦੀ ਹੈ ॥੩॥
7104	169	ਰਾਮ ਤੁਮ ਆਪੇ ਆਪਿ ਆਪਿ ਪ੍ਰਭੁ ਠਾਕੁਰ ਤੁਮ ਜੇਵਡ ਅਵਰੁ ਨ ਦਾਤੇ॥	ਦਾਤੇ: ਪੋਲਾ ਬੋਲੋ	Raam Thum Aapae Aap Aap Prabh Thaakur Thum Jaevadd Avar N Dhaathae ||	O Lord, You Yourself are Your Own Master, O God. There is no other Giver as Great as You.	ਹੇ ਰਾਮ! ਹੇ ਠਾਕੁਰ! ਤੂੰ ਆਪ ਹੀ ਤੂੰ ਆਪ ਹੀ ਤੂੰ ਆਪ ਹੀ (ਸਭ ਜੀਵਾਂ ਦਾ) ਮਾਲਕ ਹੈਂ, ਤੇਰੇ ਜੇਡਾ ਵੱਡਾ ਕੋਈ ਹੋਰ ਦਾਤਾ ਨਹੀਂ ਹੈ।

7105	169	ਜਨੁ ਨਾਨਕੁ ਨਾਮੁ ਲਏ ਤਾਂ ਜੀਵੈ ਹਰਿ ਜਪੀਐ ਹਰਿ ਕਿਰਪਾ ਤੇ॥੪॥੨॥੧੬॥੫੪॥		Jan Naanak Naam Leae Thaan Jeevai Har Japeeai Har Kirapaa Thae ||4||2||16||54||	Servant Nanak lives by the Naam, the Name of the Lord; by the Lord's Mercy, he chants the Lord's Name. ||4||2||16||54||	ਦਾਸ ਨਾਨਕ ਜਦੋਂ ਪਰਮਾਤਮਾ ਦਾ ਨਾਮ ਜਪਦਾ ਹੈ, ਤਾਂ ਆਤਮਕ ਜੀਵਨ ਪ੍ਰਾਪਤ ਕਰ ਲੈਂਦਾ ਹੈ। (ਪਰ) ਪਰਮਾਤਮਾ ਦਾ ਨਾਮ ਪਰਮਾਤਮਾ ਦੀ ਮਿਹਰ ਨਾਲ ਹੀ ਜਪਿਆ ਜਾ ਸਕਦਾ ਹੈ ॥੪॥੨॥੧੬॥੫੪॥
7106	169	ਗਉੜੀ ਪੂਰਬੀ ਮਹਲਾ ੪॥		Gourree Poorabee Mehalaa 4 ||	Gauree Poorbee, Fourth Mehl:	
7107	169	ਕਰਹੁ ਕ੍ਰਿਪਾ ਜਗਜੀਵਨ ਦਾਤੇ ਮੇਰਾ ਮਨੁ ਹਰਿ ਸੇਤੀ ਰਾਚੇ॥	ਜੱਗਜੀਵਨ। (ਰਾੱਚੇ) ਲੀਨ ਹੋਵੇ	Karahu Kirapaa Jagajeevan Dhaathae Maeraa Man Har Saethee Raachae ||	Show Mercy to me, O Life of the World, O Great Giver, so that my mind may merge with the Lord.	ਹੇ ਜਗਤ ਦੇ ਜੀਵਨ! ਹੇ ਦਾਤਾਰ! ਕਿਰਪਾ ਕਰ, ਮੇਰਾ ਮਨ ਤੇਰੀ ਯਾਦ ਵਿਚ ਮਸਤ ਰਹੇ।
7108	169	ਸਤਿਗੁਰਿ ਬਚਨੁ ਦੀਓ ਅਤਿ ਨਿਰਮਲੁ ਜਪਿ ਹਰਿ ਹਰਿ ਹਰਿ ਮਨੁ ਮਾਚੇ॥੧॥	(ਮੱਾਚੇ) ਖੁਸ਼ ਹੁੰਦਾ	Sathigur Bachan Dheeou Ath Niramal Jap Har Har Har Man Maachae ||1||	The True Guru has bestowed His most pure and sacred Teachings. Chanting the Name of the Lord, Har, Har, Har, my mind is transfixed and enraptured. ||1||	(ਤੇਰੀ ਕਿਰਪਾ ਨਾਲ) ਸਤਿਗੁਰੂ ਨੇ ਮੈਨੂੰ ਬਹੁਤ ਪਵਿਤ੍ਰ ਉਪਦੇਸ਼ ਦਿੱਤਾ ਹੈ, ਹੁਣ ਮੇਰਾ ਮਨ ਹਰਿ-ਨਾਮ ਜਪ ਜਪ ਕੇ ਖ਼ੁਸ਼ ਹੋ ਰਿਹਾ ਹੈ ॥੧॥

7109	169	ਰਾਮ ਮੇਰਾ ਮਨੁ ਤਨੁ ਬੇਧਿ ਲੀਓ ਹਰਿ ਸਾਚੇ॥	(ਬੇਧਿ) ਵਿੰਨ੍ਹ	Raam Maeraa Man Than Baedhh Leeou Har Saachae ||	O Lord, my mind and body have been pierced through by the True Lord.	ਹੇ ਰਾਮ! ਹੇ ਸਦਾ ਕਾਇਮ ਰਹਿਣ ਵਾਲੇ ਹਰੀ! ਤੂੰ (ਮਿਹਰ ਕਰ ਕੇ) ਮੇਰੇ ਮਨ ਨੂੰ ਮੇਰੇ ਤਨ ਨੂੰ (ਆਪਣੇ ਚਰਨਾਂ ਵਿਚ) ਵਿੰਨ੍ਹ ਲਿਆ ਹੈ।
7110	169	ਜਿਹ ਕਾਲ ਕੈ ਮੁਖਿ ਜਗਤੁ ਸਭੁ ਗ੍ਰਸਿਆ ਗੁਰ ਸਤਿਗੁਰ ਕੈ ਬਚਨਿ ਹਰਿ ਹਮ ਬਾਚੇ॥੧॥ਰਹਾਉ॥	(ਗ੍ਰਸਿਆ) ਨਿਗਲਿਆ, ਫਸਿਆ। ਜੱਗ-ਤੁ ਬਾਂਚੇ	Jih Kaal Kai Mukh Jagath Sabh Grasiaa Gur Sathigur Kai Bachan Har Ham Baachae ||1|| Rehaao ||	The whole world is caught and held in the mouth of Death. Through the Teachings of the Guru, the True Guru, O Lord, I am saved. ||1||Pause||	ਜਿਸ ਆਤਮਕ ਮੌਤ ਦੇ ਮੂੰਹ ਵਿਚ ਸਾਰਾ ਸੰਸਾਰ ਨਿਗਲਿਆ ਹੋਇਆ ਹੈ, (ਉਸ ਆਤਮਕ ਮੌਤ ਤੋਂ) ਮੈਂ ਸਤਿਗੁਰੂ ਦੇ ਉਪਦੇਸ਼ (ਦੀ ਬਰਕਤਿ) ਨਾਲ ਬਚ ਗਿਆ ਹਾਂ ॥੧॥ ਰਹਾਉ ॥
7111	169	ਜਿਨ ਕਉ ਪ੍ਰੀਤਿ ਨਾਹੀ ਹਰਿ ਸੇਤੀ ਤੇ ਸਾਕਤ ਮੂੜ ਨਰ ਕਾਚੇ॥	(ਸੇਤੀ) ਨਾਲ। (ਕਾੱਚੇ) ਕੱਚੇ ਬਿਨਸਨਹਾਰ	Jin Ko Preeth Naahee Har Saethee Thae Saakath Moorr Nar Kaachae ||	Those who are not in love with the Lord are foolish and false - they are faithless cynics.	ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ (ਦੇ ਚਰਨਾਂ) ਨਾਲ ਪ੍ਰੀਤਿ ਪ੍ਰਾਪਤ ਨਹੀਂ ਹੋਈ, ਉਹ ਮਾਇਆ-ਵੇੜ੍ਹੇ ਮੂਰਖ ਮਨੁੱਖ ਕਮਜ਼ੋਰ ਜੀਵਨ ਵਾਲੇ ਰਹਿੰਦੇ ਹਨ।
7112	169	ਤਿਨ ਕਉ ਜਨਮੁ ਮਰਣੁ ਅਤਿ ਭਾਰੀ ਵਿਚਿ ਵਿਸਟਾ ਮਰਿ ਮਰਿ ਪਾਚੇ॥੨॥	(ਵਿਸਟਾ) ਗੰਦਗੀ। (ਪਾੱਚੇ) ਸੜਦੇ	Thin Ko Janam Maran Ath Bhaaree Vich Visattaa Mar Mar Paachae ||2||	They suffer the most extreme agonies of birth and death; they die over and over again, and they rot away in manure. ||2||	ਉਹਨਾਂ ਵਾਸਤੇ ਜਨਮ ਮਰਨ ਦਾ ਦੁਖਦਾਈ ਗੇੜ ਬਣਿਆ ਰਹਿੰਦਾ ਹੈ। ਉਹ (ਵਿਕਾਰਾਂ ਦੇ) ਗੰਦ ਵਿਚ ਆਤਮਕ ਮੌਤ ਸਹੇੜ ਸਹੇੜ ਕੇ ਦੁਖੀ ਹੁੰਦੇ ਰਹਿੰਦੇ ਹਨ ॥੨॥

7113	169	ਤੁਮ ਦਇਆਲ ਸਰਣਿ ਪ੍ਰਤਿਪਾਲਕ ਮੋਕਉ ਦੀਜੈ ਦਾਨੁ ਹਰਿ ਹਮ ਜਾਚੇ॥	(ਜਾਚੇ) ਮੰਗਦਾ। ਦਇਆਲ	Thum Dhaeiaal Saran Prathipaalak Mo Ko Dheejai Dhaan Har Ham Jaachae ||	You are the Merciful Cherisher of those who seek Your Sanctuary. I beg of You: please grant me Your gift, Lord.	ਹੇ ਦਇਆਲ ਪ੍ਰਭੂ! ਹੇ ਸਰਨ ਪਏ ਦੀ ਰੱਖਿਆ ਕਰਨ ਵਾਲੇ ਪ੍ਰਭੂ! ਮੈਂ ਤੇਰੇ ਦਰ ਤੋਂ ਤੇਰਾ ਨਾਮ ਮੰਗਦਾ ਹਾਂ, ਮੈਨੂੰ ਇਹ ਦਾਤ ਬਖ਼ਸ਼।
7114	169	ਹਰਿ ਕੇ ਦਾਸ ਦਾਸ ਹਮ ਕੀਜੈ ਮਨੁ ਨਿਰਤਿ ਕਰੇ ਕਰਿ ਨਾਚੇ॥੩॥	(ਨਿਰਤਿ) ਵਿਚਾਰ। ਨੱਚੇ	Har Kae Dhaas Dhaas Ham Keejai Man Nirath Karae Kar Naachae ||3||	Make me the slave of the Lord's slaves, so that my mind might dance in Your Love. ||3||	ਮੈਨੂੰ ਆਪਣੇ ਦਾਸਾਂ ਦਾ ਦਾਸ ਬਣਾਈ ਰੱਖ ਤਾਂ ਜੁ ਮੇਰਾ ਮਨ (ਤੇਰੇ ਨਾਮ ਵਿਚ ਜੁੜ ਕੇ) ਸਦਾ ਨਾਚ ਕਰਦਾ ਰਹੇ (ਸਦਾ ਆਤਮਕ ਆਨੰਦ ਮਾਣਦਾ ਰਹੇ) ॥੩॥
7115	169	ਆਪੇ ਸਾਹ ਵਡੇ ਪ੍ਰਭ ਸੁਆਮੀ ਹਮ ਵਣਜਾਰੇ ਹਹਿ ਤਾ ਚੇ॥	(ਤਾ) ਤਿਨ੍ਹਾਂ ਵਾਹਿਗੁਰੂ ਜੀ। (ਚੇ) ਦੇ। ਹ-ਹਿ	Aapae Saah Vaddae Prabh Suaamee Ham Vanajaarae Hehi Thaa Chae ||	He Himself is the Great Banker; God is our Lord and Master. I am His petty merchant.	ਪ੍ਰਭੂ ਜੀ ਆਪ ਹੀ (ਨਾਮ ਦੀ ਰਾਸਿ-ਪੂੰਜੀ ਦੇਣ ਵਾਲੇ ਸਭ ਜੀਵਾਂ ਦੇ) ਵੱਡੇ ਸ਼ਾਹ ਹਨ ਮਾਲਕ ਹਨ। ਅਸੀਂ ਸਾਰੇ ਜੀਵ ਉਸ (ਸ਼ਾਹ) ਦੇ (ਭੇਜੇ ਹੋਏ) ਵਣਜਾਰੇ ਹਾਂ (ਵਪਾਰੀ ਹਾਂ)।
7116	169	ਮੇਰਾ ਮਨੁ ਤਨੁ ਜੀਉ ਰਾਸਿ ਸਭ ਤੇਰੀ ਜਨ ਨਾਨਕ ਕੇ ਸਾਹ ਪ੍ਰਭ ਸਾਚੇ॥੪॥੩॥੧੭॥ ੫੫॥		Maeraa Man Than Jeeo Raas Sabh Thaeree Jan Naanak Kae Saah Prabh Saachae ||4||3||17||55||	My mind, body and soul are all Your capital assets. You, O God, are the True Banker of servant Nanak. ||4||3||17||55||	ਹੇ ਦਾਸ ਨਾਨਕ ਦੇ ਸਦਾ-ਥਿਰ ਸ਼ਾਹ ਤੇ ਪ੍ਰਭੂ! ਮੇਰਾ ਮਨ ਮੇਰਾ ਤਨ ਮੇਰੀ ਜਿੰਦ-ਇਹ ਸਭ ਕੁਝ ਤੇਰੀ ਬਖ਼ਸ਼ੀ ਹੋਈ ਰਾਸਿ-ਪੂੰਜੀ ਹੈ (ਮੈਨੂੰ ਆਪਣੇ ਨਾਮ ਦੀ ਦਾਤ ਭੀ ਬਖ਼ਸ਼) ॥੪॥੩॥੧੭॥੫੫॥

7117	169	ਗਉੜੀ ਪੂਰਬੀ ਮਹਲਾ ੪॥		Gourree Poorabee Mehalaa 4 ||	Gauree Poorbee, Fourth Mehl:	
7118	169	ਤੁਮ ਦਇਆਲ ਸਰਬ ਦੁਖ ਭੰਜਨ ਇਕ ਬਿਨਉ ਸੁਨਹੁ ਦੇ ਕਾਨੇ॥	(ਬਿਨਉ) ਬੇਨਤੀ। (ਕਾਨੇ) ਕੰਨ ਦੇ ਕੇ	Thum Dhaeiaal Sarab Dhukh Bhanjan Eik Bino Sunahu Dhae Kaanae ||	You are Merciful, the Destroyer of all pain. Please give me Your Ear and listen to my prayer.	ਹੇ (ਜੀਵਾਂ ਦੇ) ਸਾਰੇ ਦੁਖ ਨਾਸ ਕਰਨ ਵਾਲੇ ਸੁਆਮੀ! ਤੂੰ ਦਇਆ ਦਾ ਘਰ ਹੈਂ, ਮੇਰੀ ਇਕ ਅਰਜ਼ੋਈ ਧਿਆਨ ਨਾਲ ਸੁਣ।
7119	169	ਜਿਸ ਤੇ ਤੁਮ ਹਰਿ ਜਾਨੇ ਸੁਆਮੀ ਸੋ ਸਤਿਗੁਰੁ ਮੇਲਿ ਮੇਰਾ ਪ੍ਰਾਨੇ॥੧॥	(ਪ੍ਰਾਨੇ) ਪ੍ਰਾਣ	Jis Thae Thum Har Jaanae Suaamee So Sathigur Mael Maeraa Praanae ||1||	Please unite me with the True Guru, my breath of life; through Him, O my Lord and Master, You are known. ||1||	ਮੈਨੂੰ ਉਹ ਸਤਿਗੁਰੂ ਮਿਲਾ ਜੋ ਮੇਰੀ ਜਿੰਦ (ਦਾ ਸਹਾਰਾ) ਹੈ, ਜਿਸ ਦੀ ਕਿਰਪਾ ਤੋਂ ਤੇਰੇ ਨਾਲ ਡੂੰਘੀ ਸਾਂਝ ਪੈਂਦੀ ਹੈ ॥੧॥
7120	169	ਰਾਮ ਹਮ ਸਤਿਗੁਰ ਪਾਰਬ੍ਰਹਮ ਕਰਿ ਮਾਨੇ॥		Raam Ham Sathigur Paarabreham Kar Maanae ||	O Lord, I acknowledge the True Guru as the Supreme Lord God.	(ਹੇ ਭਾਈ!) ਮੈਂ ਸਤਿਗੁਰੂ ਨੂੰ (ਆਤਮਕ ਜੀਵਨ ਵਿਚ) ਰਾਮ ਪਾਰਬ੍ਰਹਮ ਦੇ ਬਰਾਬਰ ਦਾ ਮੰਨਿਆ ਹੈ।

7121	169	ਹਮ ਮੂੜ ਮੁਗਧ ਅਸੁਧ ਮਤਿ ਹੋਤੇ ਗੁਰ ਸਤਿਗੁਰ ਕੈ ਬਚਨਿ ਹਰਿ ਹਮ ਜਾਨੇ॥੧॥ਰਹਾਉ॥	(ਮੂੜ) ਮੂਰਖ (ਮੁਗਧ) ਬੇਸਮਝ। ਅਸੁੱਧ	Ham Moorr Mugadhh Asudhh Math Hothae Gur Sathigur Kai Bachan Har Ham Jaanae ||1|| Rehaao ||	I am foolish and ignorant, and my intellect is impure. Through the Teachings of the Guru, the True Guru, O Lord, I come to know You. ||1||Pause||	ਮੈਂ ਮੂਰਖ ਸਾਂ, ਮਹਾਂ ਮੂਰਖ ਸਾਂ, ਮੈਲੀ ਮਤਿ ਵਾਲਾ ਸਾਂ, ਗੁਰੂ ਸਤਿਗੁਰੂ ਦੇ ਉਪਦੇਸ਼ (ਦੀ ਬਰਕਤਿ) ਨਾਲ ਮੈਂ ਪਰਮਾਤਮਾ ਨਾਲ ਜਾਣ-ਪਛਾਣ ਪਾ ਲਈ ਹੈ ॥੧॥ ਰਹਾਉ ॥
7122	169	ਜਿਤਨੇ ਰਸ ਅਨ ਰਸ ਹਮ ਦੇਖੇ ਸਭ ਤਿਤਨੇ ਫੀਕ ਫੀਕਾਨੇ॥	(ਫੀਕਾਨੇ) ਫਿੱਕੇ	Jithanae Ras An Ras Ham Dhaekhae Sabh Thithanae Feek Feekaanae ||	All the pleasures and enjoyments which I have seen - I have found them all to be bland and insipid.	ਜਗਤ ਦੇ ਜਿਤਨੇ ਭੀ ਹੋਰ ਹੋਰ (ਕਿਸਮ ਦੇ) ਰਸ ਹਨ, ਮੈਂ ਵੇਖ ਲਏ ਹਨ, ਉਹ ਸਾਰੇ ਹੀ ਫਿੱਕੇ ਹਨ ਫਿੱਕੇ ਹਨ।
7123	170	ਹਰਿ ਕਾ ਨਾਮੁ ਅੰਮ੍ਰਿਤ ਰਸੁ ਚਾਖਿਆ ਮਿਲਿ ਸਤਿਗੁਰ ਮੀਠ ਰਸ ਗਾਨੇ॥੨॥	(ਗਾਨੇ) ਗੰਨੇ ਵਾਂਗ	Har Kaa Naam Anmrith Ras Chaakhiaa Mil Sathigur Meeth Ras Gaanae ||2||	I have tasted the Ambrosial Nectar of the Naam, the Name of the Lord, by meeting the True Guru. It is sweet, like the juice of the sugarcane. ||2||	ਗੁਰੂ ਨੂੰ ਮਿਲ ਕੇ ਮੈਂ ਆਤਮਕ ਜੀਵਨ ਦੇਣ ਵਾਲਾ ਪਰਮਾਤਮਾ ਦਾ ਨਾਮ-ਰਸ ਚੱਖਿਆ ਹੈ, ਉਹ ਰਸ ਮਿੱਠਾ ਹੈ ਜਿਵੇਂ ਗੰਨੇ ਦਾ ਰਸ ਮਿੱਠਾ ਹੁੰਦਾ ਹੈ ॥੨॥

7124	170	ਜਿਨ ਕਉ ਗੁਰੁ ਸਤਿਗੁਰੁ ਨਹੀ ਭੇਟਿਆ ਤੇ ਸਾਕਤ ਮੂੜ ਦਿਵਾਨੇ॥	(ਭੇਟਿਆ) ਮਿਲੇ। (ਦਿਵਾਨੇ) ਕਮਲ਼ੇ	Jin Ko Gur Sathigur Nehee Bhaettiaa Thae Saakath Moorr Dhivaanae ||	Those who have not met the Guru, the True Guru, are foolish and insane - they are faithless cynics.	ਜਿਨ੍ਹਾਂ ਮਨੁੱਖਾਂ ਨੂੰ ਗੁਰੂ ਨਹੀਂ ਮਿਲਦਾ, ਉਹ ਮੂਰਖ ਪਰਮਾਤਮਾ ਨਾਲੋਂ ਟੁੱਟੇ ਰਹਿੰਦੇ ਹਨ, ਉਹ ਮਾਇਆ ਦੇ ਪਿੱਛੇ ਝੱਲੇ ਹੋਏ ਫਿਰਦੇ ਹਨ।
7125	170	ਤਿਨ ਕੇ ਕਰਮਹੀਨ ਧੁਰਿ ਪਾਏ ਦੇਖਿ ਦੀਪਕੁ ਮੋਹਿ ਪਚਾਨੇ॥੩॥	(ਮੋਹਿ) ਮੋਹ ਚ (ਪਚਾਨੇ) ਸੜਦੇ	Thin Kae Karameheen Dhhur Paaeae Dhaekh Dheepak Mohi Pachaanae ||3||	Those who were pre-ordained to have no good karma at all - gazing into the lamp of emotional attachment, they are burnt, like moths in a flame. ||3||	(ਪਰ ਉਹਨਾਂ ਦੇ ਭੀ ਕੀਹ ਵੱਸ?) ਧੁਰੋਂ (ਪਰਮਾਤਮਾ ਨੇ) ਉਹਨਾਂ ਦੇ ਭਾਗਾਂ ਵਿਚ (ਇਹ) ਨੀਵੇਂ ਕੰਮ ਹੀ ਪਾ ਦਿੱਤੇ ਹਨ, ਉਹ ਮਾਇਆ ਦੇ ਮੋਹ ਵਿਚ ਇਉਂ ਸੜਦੇ ਰਹਿੰਦੇ ਹਨ ਜਿਵੇਂ ਦੀਵੇ ਨੂੰ ਵੇਖ ਕੇ (ਪਤੰਗੇ) ॥੩॥
7126	170	ਜਿਨ ਕਉ ਤੁਮ ਦਇਆ ਕਰਿ ਮੇਲਹੁ ਤੇ ਹਰਿ ਹਰਿ ਸੇਵ ਲਗਾਨੇ॥		Jin Ko Thum Dhaeiaa Kar Maelahu Thae Har Har Saev Lagaanae ||	Those whom You, in Your Mercy, have met, Lord, are committed to Your Service.	ਹੇ ਪ੍ਰਭੂ! ਜਿਨ੍ਹਾਂ ਮਨੁੱਖਾਂ ਨੂੰ ਤੂੰ ਮਿਹਰ ਕਰ ਕੇ (ਗੁਰੂ-ਚਰਨਾਂ ਵਿਚ) ਮਿਲਾਂਦਾ ਹੈਂ, ਉਹ, ਹੇ ਹਰੀ! ਤੇਰੀ ਸੇਵਾ-ਭਗਤੀ ਵਿਚ ਲਗੇ ਰਹਿੰਦੇ ਹਨ।

7127	170	ਜਨ ਨਾਨਕ ਹਰਿ ਹਰਿ ਹਰਿ ਜਪਿ ਪ੍ਰਗਟੇ ਮਤਿ ਗੁਰਮਤਿ ਨਾਮਿ ਸਮਾਨੇ॥੪॥੪॥੧੮॥ ੫੬॥	(ਸਮਾਨੇ) ਸਮਾਉਂਦੇ	Jan Naanak Har Har Har Jap Pragattae Math Guramath Naam Samaanae ||4||4||18||56||	Servant Nanak chants the Name of the Lord, Har, Har, Har. He is famous, and through the Guru's Teachings, He merges in the Name. ||4||4||18||56||	ਹੇ ਦਾਸ ਨਾਨਕ! ਉਹ ਪਰਮਾਤਮਾ ਦਾ ਨਾਮ ਜਪ ਜਮ ਕੇ ਚਮਕ ਪੈਂਦੇ ਹਨ, ਗੁਰੂ ਦੀ ਮਤਿ ਉਤੇ ਤੁਰ ਕੇ ਉਹ ਪ੍ਰਭੂ ਦੇ ਨਾਮ ਵਿਚ ਲੀਨ ਰਹਿੰਦੇ ਹਨ ॥੪॥੪॥੧੮॥੫੬॥
7128	170	ਗਉੜੀ ਪੂਰਬੀ ਮਹਲਾ ੪॥		Gourree Poorabee Mehalaa 4 ||	Gauree Poorbee, Fourth Mehl:	
7129	170	ਮੇਰੇ ਮਨ ਸੋ ਪ੍ਰਭੁ ਸਦਾ ਨਾਲਿ ਹੈ ਸੁਆਮੀ ਕਹੁ ਕਿਥੈ ਹਰਿ ਪਹੁ ਨਸੀਐ॥	(ਪਹੁ) ਪਾਸੋਂ। ਨੱਸੀਐ	Maerae Man So Prabh Sadhaa Naal Hai Suaamee Kahu Kithhai Har Pahu Naseeai ||	O my mind, God is always with you; He is your Lord and Master. Tell me, where could you run to get away from the Lord?	ਹੇ ਮੇਰੇ ਮਨ! ਉਹ ਸੁਆਮੀ ਹਰ ਵੇਲੇ (ਜੀਵਾਂ ਦੇ) ਨਾਲ (ਵੱਸਦਾ) ਹੈ। ਦੱਸ ਉਹ ਕੇਹੜਾ ਥਾਂ ਹੈ ਜਿਥੇ ਉਸ ਪ੍ਰਭੂ ਪਾਸੋਂ ਨੱਸ ਸਕੀਦਾ ਹੈ?
7130	170	ਹਰਿ ਆਪੇ ਬਖਸਿ ਲਏ ਪ੍ਰਭੁ ਸਾਚਾ ਹਰਿ ਆਪਿ ਛਡਾਏ ਛੁਟੀਐ॥੧॥		Har Aapae Bakhas Leae Prabh Saachaa Har Aap Shhaddaaeae Shhutteeai ||1||	The True Lord God Himself grants forgiveness; we are emancipated only when the Lord Himself emancipates us. ||1||	ਉਹ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਆਪ ਹੀ (ਸਾਡੇ ਅਉਗਣ) ਬਖ਼ਸ਼ ਲੈਂਦਾ ਹੈ, ਉਹ ਹਰੀ ਆਪ ਹੀ (ਵਿਕਾਰਾਂ ਦੇ ਪੰਜੇ ਤੋਂ) ਛਡਾ ਲੈਂਦਾ ਹੈ (ਉਸੇ ਦੀ ਸਹਾਇਤਾ ਨਾਲ ਵਿਕਾਰਾਂ ਤੋਂ) ਬਚ ਸਕੀਦਾ ਹੈ ॥੧॥

7131	170	ਮੇਰੇ ਮਨ ਜਪਿ ਹਰਿ ਹਰਿ ਹਰਿ ਮਨਿ ਜਪੀਐ॥		Maerae Man Jap Har Har Har Man Japeeai ||	O my mind, chant the Name of the Lord, Har, Har, Har - chant it in your mind.	ਹੇ ਮੇਰੇ ਮਨ! ਸਦਾ ਹਰਿ-ਨਾਮ ਜਪ। (ਹੇ ਭਾਈ!) ਹਰਿ-ਨਾਮ ਸਦਾ ਮਨ ਵਿਚ ਜਪਣਾ ਚਾਹੀਦਾ ਹੈ।
7132	170	ਸਤਿਗੁਰ ਕੀ ਸਰਣਾਈ ਭਜਿ ਪਉ ਮੇਰੇ ਮਨਾ ਗੁਰ ਸਤਿਗੁਰ ਪੀਛੈ ਛੁਟੀਐ॥੧॥ਰਹਾਉ॥	(ਸਰਣਾਈ) ਸਰਨ ਚ। ਭੱਜਿ ਛੁੱਟੀਐ	Sathigur Kee Saranaaee Bhaj Po Maerae Manaa Gur Sathigur Peeshhai Shhutteeai ||1|| Rehaao ||	Quickly now, run to the Sanctuary of the True Guru, O my mind; following the Guru, the True Guru, you shall be saved. ||1||Pause||	ਹੇ ਮੇਰੇ ਮਨ! ਸਤਿਗੁਰੂ ਦੀ ਸਰਨ ਜਾ ਪਉ। ਗੁਰੂ ਦਾ ਆਸਰਾ ਲਿਆਂ (ਮਾਇਆ ਦੇ ਬੰਧਨਾਂ ਤੋਂ) ਬਚ ਜਾਈਦਾ ਹੈ ॥੧॥ ਰਹਾਉ ॥
7133	170	ਮੇਰੇ ਮਨ ਸੇਵਹੁ ਸੋ ਪ੍ਰਭ ਸ੍ਰਬ ਸੁਖਦਾਤਾ ਜਿਤੁ ਸੇਵਿਐ ਨਿਜ ਘਰਿ ਵਸੀਐ॥	(ਨਿਜ) ਅਪਣੇ ਘਰਿ ਪ੍ਰਭ ਜੀ ਚ। ਵਸੀਐ: ਪੋਲਾ ਬੋਲੋ	Maerae Man Saevahu So Prabh Srab Sukhadhaathaa Jith Saeviai Nij Ghar Vaseeai ||	O my mind, serve God, the Giver of all peace; serving Him, you shall come to dwell in your own home deep within.	ਹੇ ਮੇਰੇ ਮਨ! ਸਾਰੇ ਸੁਖ ਦੇਣ ਵਾਲੇ ਉਸ ਪਰਮਾਤਮਾ ਦਾ ਸਿਮਰਨ ਕਰ, ਜਿਸ ਦੀ ਸਰਨ ਪਿਆਂ ਆਪਣੇ ਘਰ ਵਿਚ ਵੱਸ ਸਕੀਦਾ ਹੈ (ਮਾਇਆ ਦੀ ਭਟਕਣ ਤੋਂ ਬਚ ਕੇ ਅੰਤਰ ਆਤਮੇ ਟਿਕ ਸਕੀਦਾ ਹੈ)।

7134	170	ਗੁਰਮੁਖਿ ਜਾਇ ਲਹਹੁ ਘਰੁ ਅਪਨਾ ਘਸਿ ਚੰਦਨੁ ਹਰਿ ਜਸੁ ਘਸੀਐ॥੨॥	(ਲਹਹੁ) ਪ੍ਰਾਪਤ ਕਰੋ	Guramukh Jaae Lehahu Ghar Apanaa Ghas Chandhan Har Jas Ghaseeai ||2||	As Gurmukh, go and enter your own home; anoint yourself with the sandalwood oil of the Lord's Praises. ||2||	(ਹੇ ਮਨ!) ਗੁਰੂ ਦੀ ਸਰਨ ਪੈ ਕੇ ਆਪਣਾ (ਅਸਲ) ਘਰ ਜਾ ਕੇ ਲੱਭ ਲੈ (ਪ੍ਰਭੂ ਦੇ ਚਰਨਾਂ ਵਿਚ ਟਿਕ)। (ਜਿਵੇਂ) ਚੰਦਨ (ਸਿਲ ਨਾਲ) ਘਸ ਕੇ (ਸੁਗੰਧੀ ਦੇਂਦਾ ਹੈ, ਤਿਵੇਂ) ਪਰਮਾਤਮਾ ਦੀ ਸਿਫ਼ਤ-ਸਾਲਾਹ ਨੂੰ (ਆਪਣੇ ਮਨ ਨਾਲ) ਘਸਾਣਾ ਚਾਹੀਦਾ ਹੈ (ਆਤਮਕ ਜੀਵਨ ਵਿਚ ਸੁਗੰਧੀ ਪੈਦਾ ਹੋਵੇਗੀ) ॥੨॥
7135	170	ਮੇਰੇ ਮਨ ਹਰਿ ਹਰਿ ਹਰਿ ਹਰਿ ਹਰਿ ਜਸੁ ਊਤਮੁ ਲੈ ਲਾਹਾ ਹਰਿ ਮਨਿ ਹਸੀਐ॥	(ਊਤਮੁ) ਸ੍ਰੇਸ਼ਟ। ਹੱਸੀਐ	Maerae Man Har Har Har Har Jas Ootham Lai Laahaa Har Man Haseeai ||	O my mind, the Praises of the Lord, Har, Har, Har, Har, Har, are exalted and sublime. Earn the profit of the Lord's Name, and let your mind be happy.	ਹੇ ਮੇਰੇ ਮਨ! ਪਰਮਾਤਮਾ ਦੀ ਸਿਫ਼ਤ-ਸਾਲਾਹ ਸਭ ਤੋਂ ਸ੍ਰੇਸ਼ਟ ਪਦਾਰਥ ਹੈ। (ਹੇ ਭਾਈ!) ਹਰਿ-ਨਾਮ ਦੀ ਖੱਟੀ ਖੱਟ ਕੇ ਮਨ ਵਿਚ ਆਤਮਕ ਆਨੰਦ ਮਾਣ ਸਕੀਦਾ ਹੈ।
7136	170	ਹਰਿ ਹਰਿ ਆਪਿ ਦਇਆ ਕਰਿ ਦੇਵੈ ਤਾ ਅੰਮ੍ਰਿਤੁ ਹਰਿ ਰਸੁ ਚਖੀਐ॥੩॥	ਦ-ਇਆ, ਚੱਖੀਐ	Har Har Aap Dhaeiaa Kar Dhaevai Thaa Anmrith Har Ras Chakheeai ||3||	If the Lord, Har, Har, in His Mercy, bestows it, then we partake of the ambrosial essence of the Lord's Name. ||3||	ਜਦੋਂ ਪਰਮਾਤਮਾ ਆਪ ਮਿਹਰ ਕਰ ਕੇ ਆਪਣੇ ਨਾਮ ਦੀ ਦਾਤ ਦੇਂਦਾ ਹੈ, ਤਦੋਂ ਆਤਮਕ ਜੀਵਨ ਦੇਣ ਵਾਲਾ ਉਸ ਦਾ ਨਾਮ-ਰਸ ਚੱਖ ਸਕੀਦਾ ਹੈ ॥੩॥

7137	170	ਮੇਰੇ ਮਨ ਨਾਮ ਬਿਨਾ ਜੋ ਦੂਜੈ ਲਾਗੇ ਤੇ ਸਾਕਤ ਨਰ ਜਮਿ ਘੁਟੀਐ॥	(ਦੂਜੈ) ਹੋਰ ਮਾਇਕੀ ਧੰਧਿਆਂ ਚ। (ਸਾਕਤ) ਮਨਮੁਖ। (ਘੁੱਟੀਐ) ਨਪੀੜਦੇ, ਕਸ਼ਟ ਦਿੰਦੇ	Maerae Man Naam Binaa Jo Dhoojai Laagae Thae Saakath Nar Jam Ghutteeai ||	O my mind, without the Naam, the Name of the Lord, and attached to duality, those faithless cynics are strangled by the Messenger of Death.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਭੁਲਾ ਕੇ ਜੇਹੜੇ ਮਨੁੱਖ ਹੋਰ ਪਾਸੇ ਰੁੱਝਦੇ ਹਨ, ਉਹ ਪਰਮਾਤਮਾ ਨਾਲੋਂ ਟੁੱਟ ਜਾਂਦੇ ਹਨ, ਜਮ ਨੇ ਉਹਨਾਂ ਨੂੰ ਘੁੱਟ ਲਿਆ ਹੁੰਦਾ ਹੈ (ਆਤਮਕ ਮੌਤ ਉਹਨਾਂ ਨੂੰ ਥੋੜ੍ਹ-ਵਿਤਾ ਬਣਾ ਦੇਂਦੀ ਹੈ)।
7138	170	ਤੇ ਸਾਕਤ ਚੋਰ ਜਿਨਾ ਨਾਮੁ ਵਿਸਾਰਿਆ ਮਨ ਤਿਨ ਕੈ ਨਿਕਟਿ ਨ ਭਿਟੀਐ॥੪॥	(ਭਿੱਟੀਐ) ਛੁਹੀਏ	Thae Saakath Chor Jinaa Naam Visaariaa Man Thin Kai Nikatt N Bhitteeai ||4||	Such faithless cynics, who have forgotten the Naam, are thieves. O my mind, do not even go near them. ||4||	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਵਿਸਾਰ ਦਿੱਤਾ, ਉਹ ਮਾਇਆ ਦੇ ਮੋਹ ਵਿਚ ਜਕੜੇ ਗਏ, ਉਹ ਰੱਬ ਦੇ ਚੋਰ ਬਣ ਗਏ। ਹੇ ਮੇਰੇ ਮਨ! ਉਹਨਾਂ ਦੇ ਨੇੜੇ ਨਹੀਂ ਢੁਕਣਾ ਚਾਹੀਦਾ ॥੪॥
7139	170	ਮੇਰੇ ਮਨ ਸੇਵਹੁ ਅਲਖ ਨਿਰੰਜਨ ਨਰਹਰਿ ਜਿਤੁ ਸੇਵਿਐ ਲੇਖਾ ਛੁਟੀਐ॥	(ਅ+ਲਖ) (ਅ) ਵਿਸ਼ੇਸ਼ ਕਰਕੇ ਸਭ ਦੇ ਅੰਦਰ ਬਾਹਰ ਦੀ(ਲਖ) ਜਾਣ ਰਹੇ। (ਨਰਹਰਿ) ਪ੍ਰਭ। ਛੁੱਟੀਐ	Maerae Man Saevahu Alakh Niranjan Narehar Jith Saeviai Laekhaa Shhutteeai ||	O my mind, serve the Unknowable and Immaculate Lord, the Man-lion; serving Him, your account will be cleared.	ਹੇ ਮੇਰੇ ਮਨ! ਉਸ ਪਰਮਾਤਮਾ ਦੀ ਸੇਵਾ-ਭਗਤੀ ਕਰ ਜੋ ਅਦ੍ਰਿਸ਼ਟ ਹੈ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ। ਉਸ ਦੀ ਸੇਵਾ-ਭਗਤੀ ਕੀਤਿਆਂ (ਕੀਤੇ ਕਰਮਾਂ ਦਾ) ਲੇਖਾ ਮੁੱਕ ਜਾਂਦਾ ਹੈ (ਮਾਇਆ ਵਲ ਪ੍ਰੇਰਨ ਵਾਲੇ ਸੰਸਕਾਰ ਮਨੁੱਖ ਦੇ ਅੰਦਰੋਂ ਮੁੱਕ ਜਾਂਦੇ ਹਨ)।

7140	170	ਜਨ ਨਾਨਕ ਹਰਿ ਪ੍ਰਭਿ ਪੂਰੇ ਕੀਏ ਖਿਨੁ ਮਾਸਾ ਤੋਲੁ ਨ ਘਟੀਐ॥੫॥੫॥੧੯॥੫੭॥	ਘਟੀਐ: ਪੋਲਾ ਬੋਲੋ	Jan Naanak Har Prabh Poorae Keeeae Khin Maasaa Thol N Ghatteeai ||5||5||19||57||	The Lord God has made servant Nanak perfect; he is not diminished by even the tiniest particle. ||5||5||19||57||	ਹੇ ਦਾਸ ਨਾਨਕ! ਜਿਨ੍ਹਾਂ ਮਨੁੱਖਾਂ ਨੂੰ ਹਰੀ ਪ੍ਰਭੂ ਨੇ ਮੁਕੰਮਲ ਸੁੱਧ ਜੀਵਨ ਵਾਲਾ ਬਣਾ ਦਿੱਤਾ ਹੈ, ਉਹਨਾਂ ਦੇ ਆਤਮਕ ਜੀਵਨ ਵਿਚ ਇਕ ਤੋਲਾ ਭਰ ਇਕ ਮਾਸਾ ਭਰ ਰਤਾ ਭੀ ਕਮਜ਼ੋਰੀ ਨਹੀਂ ਆਉਂਦੀ ॥੫॥੫॥੧੯॥੫੭॥
7141	170	ਗਉੜੀ ਪੂਰਬੀ ਮਹਲਾ ੪॥		Gourree Poorabee Mehalaa 4 ||	Gauree Poorbee, Fourth Mehl:	
7142	170	ਹਮਰੇ ਪ੍ਰਾਨ ਵਸਗਤਿ ਪ੍ਰਭ ਤੁਮਰੈ ਮੇਰਾ ਜੀਉ ਪਿੰਡੁ ਸਭ ਤੇਰੀ॥	(ਵੱਸਗਤਿ) ਵੱਸ	Hamarae Praan Vasagath Prabh Thumarai Maeraa Jeeo Pindd Sabh Thaeree ||	My breath of life is in Your Power, God; my soul and body are totally Yours.	ਹੇ ਪ੍ਰਭੂ! ਮੇਰੇ ਪ੍ਰਾਣ ਤੇਰੇ ਵੱਸ ਵਿਚ ਹੀ ਹਨ। ਮੇਰੀ ਜਿੰਦ ਤੇ ਮੇਰਾ ਸਰੀਰ ਇਹ ਸਭ ਤੇਰੇ ਹੀ ਦਿੱਤੇ ਹੋਏ ਹਨ।
7143	170	ਦਇਆ ਕਰਹੁ ਹਰਿ ਦਰਸੁ ਦਿਖਾਵਹੁ ਮੇਰੈ ਮਨਿ ਤਨਿ ਲੋਚ ਘਣੇਰੀ॥੧॥	(ਲੋਚ) ਇੱਛਾ। (ਘਣੇਰੀ) ਬਹੁਤ	Dhaeiaa Karahu Har Dharas Dhikhaavahu Maerai Man Than Loch Ghanaeree ||1||	Be merciful to me, and show me the Blessed Vision of Your Darshan. There is such a great longing within my mind and body! ||1||	ਹੇ ਪ੍ਰਭੂ! (ਮੇਰੇ ਉਤੇ) ਮਿਹਰ ਕਰ, ਮੈਨੂੰ ਆਪਣਾ ਦਰਸਨ ਦੇਹ, (ਤੇਰੇ ਦਰਸਨ ਦੀ) ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਬੜੀ ਤਾਂਘ ਹੈ ॥੧॥

7144	170	ਰਾਮ ਮੇਰੈ ਮਨਿ ਤਨਿ ਲੋਚ ਮਿਲਣ ਹਰਿ ਕੇਰੀ॥	(ਕੇਰੀ) ਦੀ	Raam Maerai Man Than Loch Milan Har Kaeree ||	O my Lord, there is such a great longing within my mind and body to meet the Lord.	ਹੇ ਮੇਰੇ ਰਾਮ! ਹੇ ਮੇਰੇ ਹਰੀ! ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਤੈਨੂੰ ਮਿਲਣ ਦੀ (ਬੜੀ) ਤਾਂਘ ਹੈ।
7145	170	ਗੁਰ ਕ੍ਰਿਪਾਲਿ ਕ੍ਰਿਪਾ ਕਿੰਚਤ ਗੁਰਿ ਕੀਨੀ ਹਰਿ ਮਿਲਿਆ ਆਇ ਪ੍ਰਭੁ ਮੇਰੀ॥੧॥ਰਹਾਉ॥	(ਕਿੰਚਤ) ਥੋੜੀ ਕੁ	Gur Kirapaal Kirapaa Kinchath Gur Keenee Har Miliaa Aae Prabh Maeree ||1|| Rehaao ||	When the Guru, the Merciful Guru, showed just a little mercy to me, my Lord God came and met me. ||1||Pause||	(ਹੇ ਭਾਈ!) ਕਿਰਪਾਲ ਗੁਰੂ ਨੇ ਜਦੋਂ ਥੋੜੀ ਜਿਹੀ ਕਿਰਪਾ ਕੀਤੀ, ਤਦੋਂ ਮੇਰਾ ਹਰਿ-ਪ੍ਰਭੂ ਮੈਨੂੰ ਆ ਮਿਲਿਆ ॥੧॥ ਰਹਾਉ ॥
7146	170	ਜੋ ਹਮਰੈ ਮਨ ਚਿਤਿ ਹੈ ਸੁਆਮੀ ਸਾ ਬਿਧਿ ਤੁਮ ਹਰਿ ਜਾਨਹੁ ਮੇਰੀ॥	(ਬਿਧਿ) ਹਾਲਤ	Jo Hamarai Man Chith Hai Suaamee Saa Bidhh Thum Har Jaanahu Maeree ||	Whatever is in my conscious mind, O Lord and Master - that condition of mine is known only to You, Lord.	ਹੇ ਹਰੀ! ਹੇ ਮੇਰੇ ਸੁਆਮੀ! ਅਸਾਂ ਜੀਵਾਂ ਦੇ ਮਨ ਵਿਚ ਚਿਤ ਵਿਚ ਜੋ ਕੁਝ ਵਰਤਦੀ ਹੈ, ਉਹ ਹਾਲਤ ਤੂੰ ਆਪ ਹੀ ਜਾਣਦਾ ਹੈਂ।
7147	170	ਅਨ ਦਿਨੁ ਨਾਮੁ ਜਪੀ ਸੁਖੁ ਪਾਈ ਨਿਤ ਜੀਵਾ ਆਸ ਹਰਿ ਤੇਰੀ॥੨॥		Anadhin Naam Japee Sukh Paaee Nith Jeevaa Aas Har Thaeree ||2||	Night and day, I chant Your Name, and I find peace. I live by placing my hopes in You, Lord. ||2||	ਹੇ ਹਰੀ! ਮੈਨੂੰ (ਸਦਾ) ਤੇਰੀ (ਮਿਹਰ ਦੀ) ਆਸ ਰਹਿੰਦੀ ਹੈ (ਕਿ ਤੂੰ ਕਿਰਪਾ ਕਰੇਂ ਤਾਂ) ਮੈਂ ਹਰ ਰੋਜ਼ ਤੇਰਾ ਨਾਮ ਜਪਦਾ ਰਹਾਂ, ਆਤਮਕ ਆਨੰਦ ਮਾਣਦਾ ਰਹਾਂ, ਤੇ ਸਦਾ ਆਤਮਕ ਜੀਵਨ ਜੀਊਂਦਾ ਰਹਾਂ ॥੨॥

7148	170	ਗੁਰਿ ਸਤਿਗੁਰਿ ਦਾਤੈ ਪੰਥੁ ਬਤਾਇਆ ਹਰਿ ਮਿਲਿਆ ਆਇ ਪ੍ਰਭੁ ਮੇਰੀ॥	(ਪੰਥੁ) ਰਸਤਾ	Gur Sathigur Dhaathai Panthh Bathaaeiaa Har Miliaa Aae Prabh Maeree ||	The Guru, the True Guru, the Giver, has shown me the Way; my Lord God came and met me.	(ਨਾਮ ਦੀ) ਦਾਤ ਦੇਣ ਵਾਲੇ ਗੁਰੂ ਨੇ ਸਤਿਗੁਰੂ ਨੇ ਮੈਨੂੰ (ਪਰਮਾਤਮਾ ਨਾਲ ਮਿਲਣ ਦਾ) ਰਾਹ ਦੱਸਿਆ, ਤੇ ਮੇਰਾ ਹਰਿ-ਪ੍ਰਭੂ ਮੈਨੂੰ ਆ ਮਿਲਿਆ।
7149	170	ਅਨ ਦਿਨੁ ਅਨਦੁ ਭਇਆ ਵਡਭਾਗੀ ਸਭ ਆਸ ਪੁਜੀ ਜਨ ਕੇਰੀ॥੩॥	(ਪੁੱਜੀ) ਪੂਰਨ ਹੋਈ। (ਕੇਰੀ) ਦੀ। ਅਨ-ਦ: ਪੋਲਾ ਬੋਲੋ	Anadhin Anadh Bhaeiaa Vaddabhaagee Sabh Aas Pujee Jan Kaeree ||3||	Night and day, I am filled with bliss; by great good fortune, all of the hopes of His humble servant have been fulfilled. ||3||	ਵੱਡੇ ਭਾਗਾਂ ਨਾਲ (ਮੇਰੇ ਹਿਰਦੇ ਵਿਚ) ਹਰ ਰੋਜ਼ (ਹਰ ਵੇਲੇ) ਆਤਮਕ ਆਨੰਦ ਬਣਿਆ ਰਹਿੰਦਾ ਹੈ, ਮੈਂ ਦਾਸ ਦੀ ਆਸ ਪੂਰੀ ਹੋ ਗਈ ਹੈ ॥੩॥
7150	170	ਜਗੰਨਾਥ ਜਗਦੀਸੁਰ ਕਰਤੇ ਸਭ ਵਸਗਤਿ ਹੈ ਹਰਿ ਕੇਰੀ॥	ਜੱਗੰਨਾਥ ਜੱਗਦੀਸੁਰ ਵੱਸ-ਗਤਿ। ਗਤਿ: ਪੋਲਾ ਬੋਲੋ	Jagannaathh Jagadheesur Karathae Sabh Vasagath Hai Har Kaeree ||	O Lord of the World, Master of the Universe, everything is under Your control.	ਹੇ ਜਗਤ ਦੇ ਨਾਥ! ਹੇ ਜਗਤ ਦੇ ਈਸ਼ਵਰ! ਹੇ ਕਰਤਾਰ! ਇਹ ਸਾਰੀ (ਜਗਤ-ਖੇਡ) ਤੇਰੇ ਵੱਸ ਵਿਚ ਹੈ।

7151	170	ਜਨ ਨਾਨਕ ਸਰਣਾਗਤਿ ਆਏ ਹਰਿ ਰਾਖਹੁ ਪੈਜ ਜਨ ਕੇਰੀ॥੪॥੬॥੨੦॥ ੫੮॥	(ਸਰ-ਣਾਗਤਿ) ਸ਼ਰਨ। (ਪੈਜ) ਇੱਜ਼ਤ, ਲਾਜ	Jan Naanak Saranaagath Aaeae Har Raakhahu Paij Jan Kaeree ||4||6||20||58||	Servant Nanak has come to Your Sanctuary, Lord; please, preserve the honor of Your humble servant. ||4||6||20||58||	ਹੇ ਦਾਸ ਨਾਨਕ! (ਅਰਦਾਸ ਕਰ ਤੇ ਆਖ-) ਹੇ ਹਰੀ! ਮੈਂ ਤੇਰੀ ਸਰਨ ਆਇਆ ਹਾਂ, ਮੇਰੀ ਦਾਸ ਦੀ ਲਾਜ ਰੱਖ ॥੪॥੬॥੨੦॥੫੮॥
7152	170	ਗਉੜੀ ਪੂਰਬੀ ਮਹਲਾ ੪॥		Gourree Poorabee Mehalaa 4 ||	Gauree Poorbee, Fourth Mehl:	
7153	170	ਇਹੁ ਮਨੂਆ ਖਿਨੁ ਨ ਟਿਕੈ ਬਹੁ ਰੰਗੀ ਦਹ ਦਹ ਦਿਸਿ ਚਲਿ ਚਲਿ ਹਾਢੇ॥	(ਮਨੂਆ) ਮਨ। (ਹਾਂਢੇ) ਭਟਕਦਾ ਫਿਰਦਾ। (ਦਹ-ਦਿਸਿ) ਦਸੋ ਦਿਸ਼ਾਂ। ਚੱਲਿ ਚੱਲਿ	Eihu Manooaa Khin N Ttikai Bahu Rangee Dheh Dheh Dhis Chal Chal Haadtae ||	This mind does not hold still, even for an instant. Distracted by all sorts of distractions, it wanders around aimlessly in the ten directions.	(ਮੇਰਾ) ਇਹ ਅੰਞਾਣ ਮਨ ਬਹੁਤ ਰੰਗ-ਤਮਾਸ਼ਿਆਂ ਵਿਚ (ਫਸ ਕੇ) ਰਤਾ ਭਰ ਭੀ ਟਿਕਦਾ ਨਹੀਂ, ਦਸੀਂ ਪਾਸੀਂ ਦੌੜ ਦੌੜ ਕੇ ਭਟਕਦਾ ਹੈ।
7154	171	ਗੁਰੁ ਪੂਰਾ ਪਾਇਆ ਵਡਭਾਗੀ ਹਰਿ ਮੰਤ੍ਰੁ ਦੀਆ ਮਨੁ ਠਾਢੇ॥੧॥	(ਠਾਢੇ) ਟਿਕ ਗਿਆ	Gur Pooraa Paaeiaa Vaddabhaagee Har Manthra Dheeaa Man Thaadtae ||1||	I have found the Perfect Guru, through great good fortune; He has given me the Mantra of the Lord's Name, and my mind has become quiet and tranquil. ||1||	(ਪਰ ਹੁਣ) ਵੱਡੇ ਭਾਗਾਂ ਨਾਲ (ਮੈਨੂੰ) ਪੂਰਾ ਗੁਰੂ ਮਿਲ ਪਿਆ ਹੈ, ਉਸ ਨੇ ਪ੍ਰਭੂ (-ਨਾਮ ਸਿਮਰਨ ਦਾ) ਉਪਦੇਸ਼ ਦਿੱਤਾ ਹੈ (ਜਿਸ ਦੀ ਬਰਕਤਿ ਨਾਲ) ਮਨ ਸ਼ਾਂਤ ਹੋ ਗਿਆ ਹੈ ॥੧॥

7155	171	ਰਾਮ ਹਮ ਸਤਿਗੁਰ ਲਾਲੇ ਕਾਂਢੇ॥੧॥ਰਹਾਉ॥	(ਲੱਾਲੇ) ਗੋਲੇ (ਕਾਂਢੇ) ਕਹੇ ਜਾਂਦੇ	Raam Ham Sathigur Laalae Kaandtae ||1|| Rehaao ||	O Lord, I am the slave of the True Guru. ||1||Pause||	ਹੇ ਰਾਮ! ਮੈਂ ਗੁਰੂ ਦਾ ਗ਼ੁਲਾਮ ਅਖਵਾਂਦਾ ਹਾਂ ॥੧॥ ਰਹਾਉ ॥
7156	171	ਹਮਰੈ ਮਸਤਕਿ ਦਾਗੁ ਦਗਾਨਾ ਹਮ ਕਰਜ ਗੁਰੂ ਬਹੁ ਸਾਢੇ॥	(ਦਗਾਨਾ) ਲੱਗਿਆ। (ਸਾਂਢੇ) ਇਕੱਠਾ ਹੋਇਆ	Hamarai Masathak Dhaag Dhagaanaa Ham Karaj Guroo Bahu Saadtae ||	My forehead has been branded with His brand; I owe such a great debt to the Guru.	(ਗੁਰੂ ਦੇ ਉਪਕਾਰ ਦਾ ਇਹ) ਬਹੁਤ ਕਰਜ਼ਾ (ਮੇਰੇ ਸਿਰ ਉਤੇ) ਇਕੱਠਾ ਹੋ ਗਿਆ ਹੈ (ਇਹ ਕਰਜ਼ਾ ਉਤਰ ਨਹੀਂ ਸਕਦਾ, ਉਸ ਦੇ ਇਵਜ਼ ਮੈਂ ਗੁਰੂ ਦਾ ਗ਼ੁਲਾਮ ਬਣ ਗਿਆ ਹਾਂ, ਤੇ) ਮੇਰੇ ਮੱਥੇ ਉਤੇ (ਗ਼ੁਲਾਮੀ ਦਾ) ਨਿਸ਼ਾਨ ਦਾਗਿਆ ਗਿਆ ਹੈ।
7157	171	ਪਰਉਪਕਾਰੁ ਪੁੰਨੁ ਬਹੁ ਕੀਆ ਭਉ ਦੁਤਰੁ ਤਾਰਿ ਪਰਾਢੇ॥੨॥	ਤਰਨ ਨੂੰ (ਦੁੱਤ-ਰੁ) ਔਖਾ। (ਪਰਾਢੇ) ਪਾਰ ਕੀਤੇ	Paroupakaar Punn Bahu Keeaa Bho Dhuthar Thaar Paraadtae ||2||	He has been so generous and kind to me; He has carried me across the treacherous and terrifying world-ocean. ||2||	(ਪੂਰੇ ਗੁਰੂ ਨੇ ਮੇਰੇ ਉਤੇ) ਬਹੁਤ ਪਰਉਪਕਾਰ ਕੀਤਾ ਹੈ ਭਲਾਈ ਕੀਤੀ ਹੈ, ਮੈਨੂੰ ਉਸ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦਿੱਤਾ ਹੈ ਜਿਸ ਤੋਂ ਪਾਰ ਲੰਘਣਾ ਬਹੁਤ ਔਖਾ ਸੀ ॥੨॥
7158	171	ਜਿਨ ਕਉ ਪ੍ਰੀਤਿ ਰਿਦੈ ਹਰਿ ਨਾਹੀ ਤਿਨ ਕੂਰੇ ਗਾਢਨ ਗਾਢੇ॥	(ਗਾਂਢੇ) ਗੰਢੇ, ਜੋੜੇ	Jin Ko Preeth Ridhai Har Naahee Thin Koorae Gaadtan Gaadtae ||	Those who do not have love for the Lord within their hearts, harbor only false intentions and goals.	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਪਿਆਰ ਨਹੀਂ ਹੁੰਦਾ (ਜੇ ਉਹ ਬਾਹਰ ਲੋਕਾਚਾਰੀ ਪਿਆਰ ਦਾ ਕੋਈ ਵਿਖਾਵਾ ਕਰਦੇ ਹਨ, ਤਾਂ) ਉਹ ਝੂਠੇ ਗੰਢ-ਤੁਪ ਹੀ ਕਰਦੇ ਹਨ।

7159	171	ਜਿਉ ਪਾਣੀ ਕਾਗਦੁ ਬਿਨਸਿ ਜਾਤ ਹੈ ਤਿਉ ਮਨਮੁਖ ਗਰਭਿ ਗਲਾਢੇ॥੩॥	(ਬਿਨਸਿ) ਖਤਮ। (ਗਲਾਢੇ) ਗਲਦੇ	Jio Paanee Kaagadh Binas Jaath Hai Thio Manamukh Garabh Galaadtae ||3||	As paper breaks down and dissolves in water, the self-willed manmukh wastes away in arrogant pride. ||3||	ਜਿਵੇਂ ਪਾਣੀ ਵਿਚ (ਪਿਆ) ਕਾਗਜ਼ ਗਲ ਜਾਂਦਾ ਹੈ ਤਿਵੇਂ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਪ੍ਰਭੂ-ਪ੍ਰੀਤਿ ਤੋਂ ਸੱਖਣੇ ਹੋਣ ਕਰਕੇ) ਜੂਨਾਂ ਦੇ ਗੇੜ ਵਿਚ (ਆਪਣੇ ਆਤਮਕ ਜੀਵਨ ਵਲੋਂ) ਗਲ ਜਾਂਦੇ ਹਨ ॥੩॥
7160	171	ਹਮ ਜਾਨਿਆ ਕਛੂ ਨ ਜਾਨਹ ਆਗੈ ਜਿਉ ਹਰਿ ਰਾਖੈ ਤਿਉ ਠਾਢੇ॥	(ਠਾਢੇ) ਖੜੇ	Ham Jaaniaa Kashhoo N Jaaneh Aagai Jio Har Raakhai Thio Thaadtae ||	I know nothing, and I do not know the future; as the Lord keeps me, so do I stand.	(ਪਰ ਸਾਡੀ ਜੀਵਾਂ ਦੀ ਕੋਈ ਚਤੁਰਾਈ ਸਿਆਣਪ ਕੰਮ ਨਹੀਂ ਕਰ ਸਕਦੀ) ਨਾਹ (ਹੁਣ ਤਕ) ਅਸੀਂ ਜੀਵ ਕੋਈ ਚਤੁਰਾਈ-ਸਿਆਣਪ ਕਰ ਸਕੇ ਹਾਂ, ਨਾਹ ਹੀ ਅਗਾਂਹ ਨੂੰ ਹੀ ਕਰ ਸਕਾਂਗੇ। ਜਿਵੇਂ ਪਰਮਾਤਮਾ ਸਾਨੂੰ ਰੱਖਦਾ ਹੈ ਉਸੇ ਹਾਲਤ ਵਿਚ ਅਸੀਂ ਟਿਕਦੇ ਹਾਂ।
7161	171	ਹਮ ਭੂਲ ਚੂਕ ਗੁਰ ਕਿਰਪਾ ਧਾਰਹੁ ਜਨ ਨਾਨਕ ਕੁਤਰੇ ਕਾਢੇ॥੪॥੭॥੨੧॥ ੫੯॥	(ਕੁਤਰੇ) ਕੁੱਤੇ (ਕਾਂਢੇ) ਕਹੇ ਜਾਂਦੇ	Ham Bhool Chook Gur Kirapaa Dhhaarahu Jan Naanak Kutharae Kaadtae ||4||7||21||59||	For my failings and mistakes, O Guru, grant me Your Grace; servant Nanak is Your obedient dog. ||4||7||21||59||	ਹੇ ਦਾਸ ਨਾਨਕ! (ਉਸ ਦੇ ਦਰ ਤੇ ਅਰਦਾਸ ਹੀ ਫਬਦੀ ਹੈ। ਅਰਦਾਸ ਕਰੋ ਤੇ ਆਖੋ-) ਹੇ ਗੁਰੂ! ਸਾਡੀਆਂ ਭੁੱਲਾਂ ਚੁੱਕਾਂ (ਅਣਡਿੱਠ ਕਰ ਕੇ ਸਾਡੇ ਉਤੇ) ਮਿਹਰ ਕਰੋ, ਅਸੀਂ (ਤੁਹਾਡੇ ਦਰ ਦੇ) ਕੂਕਰ ਅਖਵਾਂਦੇ ਹਾਂ ॥੪॥੭॥੨੧॥੫੯॥

7162	171	ਗਉੜੀ ਪੂਰਬੀ ਮਹਲਾ ੪॥		Gourree Poorabee Mehalaa 4 ||	Gauree Poorbee, Fourth Mehl:	
7163	171	ਕਾਮਿ ਕਰੋਧਿ ਨਗਰੁ ਬਹੁ ਭਰਿਆ ਮਿਲਿ ਸਾਧੂ ਖੰਡਲ ਖੰਡਾ ਹੇ॥	(ਖੰਡਲ) ਸਮੂਹ। (ਖੰਡਾ) ਟੁਕੜੇ ਟੁਕੜੇ ਕਰਕੇ ਨਾਸ ਕੀਤਾ। ਨੱਗਰੁ	Kaam Karodhh Nagar Bahu Bhariaa Mil Saadhhoo Khanddal Khanddaa Hae ||	The body-village is filled to overflowing with sexual desire and anger, which were broken into bits when I met with the Holy Saint.	(ਹੇ ਭਾਈ!) ਇਹ ਸਰੀਰ-ਨਗਰ ਕਾਮ ਕ੍ਰੋਧ ਨਾਲ ਬਹੁਤ ਭਰਿਆ ਰਹਿੰਦਾ ਹੈ (ਗੰਦਾ ਹੋਇਆ ਰਹਿੰਦਾ ਹੈ), ਗੁਰੂ ਨੂੰ ਮਿਲ ਕੇ (ਕਾਮ ਕ੍ਰੋਧ ਆਦਿਕ ਦੇ) ਸਾਰੇ ਅੰਸ਼ ਨਾਸ ਕਰ ਲਏ ਜਾਂਦੇ ਹਨ।
7164	171	ਪੂਰਬਿ ਲਿਖਤ ਲਿਖੇ ਗੁਰੁ ਪਾਇਆ ਮਨਿ ਹਰਿ ਲਿਵ ਮੰਡਲ ਮੰਡਾ ਹੇ॥੧॥	(ਪੂਰਬਿ) ਪਹਿਲੀ ਭਾਵ ਰਜ਼ਾ ਤੋਂ। ਮਨਿ ਹਰਿ ਜੀ ਦੀ ਲਿਵ ਦੇ (ਮੰਡਲ) ਘੇਰੇ ਚ (ਮੰਡਾ) ਇਸਥਿੱਤ ਕੀਤਾ	Poorab Likhath Likhae Gur Paaeiaa Man Har Liv Manddal Manddaa Hae ||1||	By pre-ordained destiny, I have met with the Guru. I have entered into the realm of the Lord's Love. ||1||	ਪੂਰਬਲੇ ਜਨਮ ਵਿਚ (ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਜਿਸ ਮਨੁੱਖ ਦੇ ਮੱਥੇ ਉਤੇ) ਲੇਖ ਲਿਖੇ ਜਾਂਦੇ ਹਨ, ਉਸ ਨੂੰ ਗੁਰੂ ਮਿਲ ਪੈਂਦਾ ਹੈ, ਤੇ ਉਸ ਦੇ ਮਨ ਵਿਚ ਹਰਿ-ਚਰਨਾਂ ਵਿਚ ਸੁਰਤ ਜੁੜਨ ਦੀ ਬਰਕਤਿ ਨਾਲ ਆਤਮਕ ਰੌਸ਼ਨੀ ਦੀ ਸਜਾਵਟ ਹੋ ਜਾਂਦੀ ਹੈ ॥੧॥
7165	171	ਕਰਿ ਸਾਧੂ ਅੰਜੁਲੀ ਪੁੰਨੁ ਵਡਾ ਹੇ॥	(ਸਾਧੂ) ਸਤਿਗੁਰੂ ਸਾਹਿਬ ਜੀ ਅੱਗੇ (ਅੰਜੁਲੀ) ਦੋਵੇਂ ਹੱਥ ਜੋੜਨਾ ਕਰਿ	Kar Saadhhoo Anjulee Punn Vaddaa Hae ||	Greet the Holy Saint with your palms pressed together; this is an act of great merit.	(ਹੇ ਭਾਈ!) ਗੁਰੂ ਅੱਗੇ ਹੱਥ ਜੋੜ ਕੇ ਨਮਸਕਾਰ ਕਰ, ਇਹ ਵੱਡਾ ਨੇਕ ਕੰਮ ਹੈ।

7166	171	ਕਰਿ ਡੰਡਉਤ ਪੁਨੁ ਵਡਾ ਹੇ॥੧॥ਰਹਾਉ॥		Kar Ddanddouth Pun Vaddaa Hae ||1|| Rehaao ||	Bow down before Him; this is a virtuous action indeed. ||1||Pause||	ਗੁਰੂ ਅੱਗੇ ਡੰਡਉਤ ਕਰ, ਇਹ ਬੜਾ ਭਲਾ ਕੰਮ ਹੈ ॥੧॥ ਰਹਾਉ ॥
7167	171	ਸਾਕਤ ਹਰਿ ਰਸ ਸਾਦੁ ਨ ਜਾਨਿਆ ਤਿਨ ਅੰਤਰਿ ਹਉਮੈ ਕੰਡਾ ਹੇ॥	(ਸਾਕਤ) ਮਨਮੁਖ	Saakath Har Ras Saadh N Jaaniaa Thin Anthar Houmai Kanddaa Hae ||	The wicked shaaktas, the faithless cynics, do not know the taste of the Lord's sublime essence. The thorn of egotism is embedded deep within them.	ਮਾਇਆ-ਵੇੜ੍ਹੇ ਮਨੁੱਖ ਪਰਮਾਤਮਾ ਦੇ ਨਾਮ ਦੇ ਰਸ ਦਾ ਸੁਆਦ ਨਹੀਂ ਜਾਣਦੇ, ਉਹਨਾਂ ਦੇ ਅੰਦਰ ਹਉਮੈ ਦਾ ਕੰਡਾ (ਟਿਕਿਆ ਰਹਿੰਦਾ) ਹੈ।
7168	171	ਜਿਉ ਜਿਉ ਚਲਹਿ ਚੁਭੈ ਦੁਖੁ ਪਾਵਹਿ ਜਮਕਾਲੁ ਸਹਹਿ ਸਿਰਿ ਡੰਡਾ ਹੇ॥੨॥	ਸਹਹਿ	Jio Jio Chalehi Chubhai Dhukh Paavehi Jamakaal Sehehi Sir Ddanddaa Hae ||2||	The more they walk away, the deeper it sticks into them, and the more they suffer in pain, until finally, the Messenger of Death smashes his club against their heads. ||2||	ਉਹ ਮਨੁੱਖ ਜਿਉਂ ਜਿਉਂ (ਜੀਵਨ-ਮਾਰਗ ਵਿਚ) ਚਲਦੇ ਹਨ ਤਿਉਂ ਤਿਉਂ (ਉਹ ਹਉਮੈ ਦਾ ਕੰਡਾ ਉਹਨਾਂ ਨੂੰ) ਚੁੱਭਦਾ ਹੈ, ਉਹ ਦੁਖ ਪਾਂਦੇ ਹਨ, ਉਹ ਆਪਣੇ ਸਿਰ ਉਤੇ ਆਤਮਕ ਮੌਤ-ਰੂਪ ਡੰਡਾ (ਡੰਡੇ ਦੀ ਚੋਟ) ਸਹਾਰਦੇ ਰਹਿੰਦੇ ਹਨ ॥੨॥
7169	171	ਹਰਿ ਜਨ ਹਰਿ ਹਰਿ ਨਾਮਿ ਸਮਾਣੇ ਦੁਖੁ ਜਨਮ ਮਰਣ ਭਵ ਖੰਡਾ ਹੇ॥	(ਸਮਾਣੇ) ਲੀਨ ਹੋਏ। (ਭਵ) ਸੰਸਾਰ ਸਮੁੰਦਰ। (ਖੰਡਾ) ਨਾਸ ਕੀਤਾ	Har Jan Har Har Naam Samaanae Dhukh Janam Maran Bhav Khanddaa Hae ||	The humble servants of the Lord are absorbed in the Name of the Lord, Har, Har. The pain of birth and the fear of death are eradicated.	ਪਰਮਾਤਮਾ ਦੀ ਭਗਤੀ ਕਰਨ ਵਾਲੇ ਮਨੁੱਖ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦੇ ਹਨ, ਉਹਨਾਂ ਦਾ ਜਨਮ ਮਰਨ (ਦੇ ਗੇੜ) ਦਾ ਦੁਖ ਸੰਸਾਰ-ਸਮੁੰਦਰ (ਦੇ ਵਿਕਾਰਾਂ) ਦਾ ਦੁਖ ਨਾਸ ਹੋ ਜਾਂਦਾ ਹੈ।

7170	171	ਅਬਿਨਾਸੀ ਪੁਰਖੁ ਪਾਇਆ ਪਰਮੇਸਰੁ ਬਹੁ ਸੋਭ ਖੰਡ ਬ੍ਰਹਮੰਡਾ ਹੇ॥੩॥	(ਅਬਿਨਾਸੀ) ਨਾਸ ਤੋਂ ਰਹਿਤ ਬ੍ਰਹਮ ਜੀ। (ਪੁਰਖੁ) ਪੂਰਨ ਪ੍ਰਕਾਸ਼ ਸਰੂਪ। (ਸੋਭ) ਸੋਭਾ। ਖੰਡ (ਬ੍ਰਹਮੰਡਾ) ਬ੍ਰਹਮੰਡਾਂ ਚ	Abinaasee Purakh Paaeiaa Paramaesar Bahu Sobh Khandd Brehamanddaa Hae ||3||	They have obtained the Imperishable Supreme Being, the Transcendent Lord God, and they obtain great honor throughout all the worlds and realms. ||3||	ਉਹਨਾਂ ਨੂੰ ਨਾਸ-ਰਹਿਤ ਸਰਬ-ਵਿਆਪਕ ਪਰਮੇਸਰ ਮਿਲ ਪੈਂਦਾ ਹੈ, ਤੇ ਬ੍ਰਹਮੰਡ ਦੇ ਸਾਰੇ ਖੰਡਾਂ ਵਿਚ ਉਹਨਾਂ ਦੀ ਬਹੁਤ ਸੋਭਾ ਹੁੰਦੀ ਹੈ ॥੩॥
7171	171	ਹਮ ਗਰੀਬ ਮਸਕੀਨ ਪ੍ਰਭ ਤੇਰੇ ਹਰਿ ਰਾਖੁ ਰਾਖੁ ਵਡ ਵਡਾ ਹੇ॥	ਆਪ ਜੀ ਦੇ ਸੱਚੇ ਚਰਨਕਮਲਾਂ ਤੇ ਮੋਹਿਤ ਹੋਏ ਆਪ ਜੀ ਦੇ ਦਰ ਦੇ ਨਾਮ ਮੰਗਣ ਵਾਲੇ ਗ੍ਰੀਬ ਦੇ ਦਰ ਤੇ (ਮਸਕੀਨ) ਮੰਗਤੇ	Ham Gareeb Masakeen Prabh Thaerae Har Raakh Raakh Vadd Vaddaa Hae ||	I am poor and meek, God, but I am Yours! Save me, please save me, O Greatest of the Great!	ਹੇ ਪ੍ਰਭੂ! ਹੇ ਹਰੀ! ਅਸੀਂ ਜੀਵ ਗ਼ਰੀਬ ਹਾਂ, ਆਜਿਜ਼ ਹਾਂ, ਤੇਰੇ ਹਾਂ, ਤੂੰ ਸਾਡਾ ਸਭ ਤੋਂ ਵੱਡਾ ਆਸਰਾ ਹੈਂ, ਸਾਡੀ ਰੱਖਿਆ ਕਰ।
7172	171	ਜਨ ਨਾਨਕ ਨਾਮੁ ਅਧਾਰੁ ਟੇਕ ਹੈ ਹਰਿ ਨਾਮੇ ਹੀ ਸੁਖੁ ਮੰਡਾ ਹੇ॥੪॥੮॥੨੨॥੬੦॥	(ਅਧਾਰੁ) ਆਸਰਾ। (ਟੇਕ) ਓਟ। (ਮੰਡਾ) ਮਾਣਦਾ	Jan Naanak Naam Adhhaar Ttaek Hai Har Naamae Hee Sukh Manddaa Hae ||4||8||22||60||	Servant Nanak takes the Sustenance and Support of the Naam. In the Name of the Lord, he enjoys celestial peace. ||4||8||22||60||	ਹੇ ਦਾਸ ਨਾਨਕ! ਜਿਸ ਮਨੁੱਖ ਨੇ ਪਰਮਾਤਮਾ ਦੇ ਨਾਮ ਨੂੰ (ਜ਼ਿੰਦਗੀ ਦਾ) ਆਸਰਾ ਸਹਾਰਾ ਬਣਾਇਆ ਹੈ, ਉਹ ਪਰਮਾਤਮਾ ਦੇ ਨਾਮ ਵਿਚ ਹੀ ਸਦਾ ਆਤਮਕ ਆਨੰਦ ਮਾਣਦਾ ਹੈ ॥੪॥੮॥੨੨॥੬੦॥
7173	171	ਗਉੜੀ ਪੂਰਬੀ ਮਹਲਾ ੪॥		Gourree Poorabee Mehalaa 4 ||	Gauree Poorbee, Fourth Mehl:	

7174	171	ਇਸੁ ਗੜ ਮਹਿ ਹਰਿ ਰਾਮਰਾਇ ਹੈ ਕਿਛੁ ਸਾਦੁ ਨ ਪਾਵੈ ਧੀਠਾ॥	ਸਰੀਰ ਰੂਪੀ (ਗੜ੍) ਕਿਲਾ। (ਰਾਮਰਾਇ) ਵਾਹਿਗੁਰੂ ਜੀ। (ਧੀਠਾ) ਢੀਠ	Eis Garr Mehi Har Raam Raae Hai Kishh Saadh N Paavai Dhheethaa ||	Within this body-fortress is the Lord, the Sovereign Lord King, but the stubborn ones do not find the taste.	ਇਸ (ਸਰੀਰ-) ਕਿਲ੍ਹੇ ਵਿਚ (ਜਗਤ ਦਾ) ਰਾਜਾ ਹਰੀ-ਪਰਮਾਤਮਾ ਵੱਸਦਾ ਹੈ, (ਪਰ ਵਿਕਾਰਾਂ ਦੇ ਸੁਆਦਾਂ ਵਿਚ) ਢੀਠ ਹੋਏ ਮਨੁੱਖ ਨੂੰ (ਅੰਦਰ-ਵੱਸਦੇ ਪਰਮਾਤਮਾ ਦੇ ਮਿਲਾਪ ਦਾ ਕੋਈ) ਆਨੰਦ ਨਹੀਂ ਆਉਂਦਾ।
7175	171	ਹਰਿ ਦੀਨ ਦਇਆਲਿ ਅਨੁਗ੍ਰਹੁ ਕੀਆ ਹਰਿ ਗੁਰ ਸਬਦੀ ਚਖਿ ਡੀਠਾ॥੧॥	(ਅ-ਨੁੱਗ੍ਰਹੁ) ਕ੍ਰਿਪਾ। ਚੱਖਿ	Har Dheen Dhaeiaal Anugrahu Keeaa Har Gur Sabadhee Chakh Ddeethaa ||1||	When the Lord, Merciful to the meek, showed His Mercy, I found and tasted it, through the Word of the Guru's Shabad. ||1||	ਜਿਸ ਮਨੁੱਖ ਉਤੇ ਦੀਨਾਂ ਉਤੇ ਦਇਆ ਕਰਨ ਵਾਲੇ ਪਰਮਾਤਮਾ ਨੇ ਕਿਰਪਾ ਕੀਤੀ, ਉਸ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਹਰਿ-ਨਾਮ-ਰਸ) ਚੱਖ ਕੇ ਵੇਖ ਲਿਆ ਹੈ (ਕਿ ਇਹ ਸਚ ਮੁਚ ਹੀ ਮਿੱਠਾ ਹੈ) ॥੧॥
7176	171	ਰਾਮ ਹਰਿ ਕੀਰਤਨੁ ਗੁਰ ਲਿਵ ਮੀਠਾ॥੧॥ਰਹਾਉ॥		Raam Har Keerathan Gur Liv Meethaa ||1|| Rehaao ||	Lovingly focused upon the Guru, the Kirtan of the Lord's Praise has become sweet to me. ||1||Pause||	(ਹੇ ਭਾਈ!) ਗੁਰੂ (ਦੇ ਚਰਨਾਂ ਵਿਚ) ਲਿਵ (ਲਾ ਕੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਕਰੋ। (ਦੁਨੀਆ ਦੇ ਸਭ ਰਸਾਂ ਨਾਲੋਂ ਇਹ ਰਸ) ਮਿੱਠਾ ਹੈ ॥੧॥ ਰਹਾਉ ॥

7177	171	ਹਰਿ ਅਗਮੁ ਅਗੋਚਰੁ ਪਾਰਬ੍ਰਹਮੁ ਹੈ ਮਿਲਿ ਸਤਿਗੁਰ ਲਾਗਿ ਬਸੀਠਾ॥	(ਅਗਮੁ) (ਅ+ਗਮ) ਗਮ ਤੋਂ (ਅ) ਰਹਿਤ। ਇੱਕ ਖਿਨ ਚ ਉਤਪਤੀ ਲੈਅਤਾ ਕਰਦਿਆਂ (ਅਗੋਚਰੁ) ਨਿਰਲੇਪ ਅਜ਼ਾਦ ਸੁਤੰਤ੍ਰ ਨਿਰੰਕਾਰ ਜੀ। (ਬਸੀਠਾ) ਵਕੀਲ	Har Agam Agochar Paarabreham Hai Mil Sathigur Laag Baseethaa ||	The Lord, the Supreme Lord God, is Inaccessible and Unfathomable. Those who are committed to the True Guru, the Divine Intermediary, meet the Lord.	ਜੇਹੜਾ ਹਰੀ-ਪਾਰਬ੍ਰਹਮ ਅਪਹੁੰਚ ਹੈ ਜਿਸ ਤਕ ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਉਹ ਹਰੀ-ਪ੍ਰਭੂ ਗੁਰੂ ਨੂੰ ਮਿਲ ਕੇ ਗੁਰੂ-ਵਕੀਲ ਦੀ ਚਰਨੀਂ ਲੱਗ ਕੇ (ਹੀ ਮਿਲਦਾ ਹੈ)।
7178	171	ਜਿਨ ਗੁਰ ਬਚਨ ਸੁਖਾਨੇ ਹੀਅਰੈ ਤਿਨ ਆਗੈ ਆਣਿ ਪਰੀਠਾ॥੨॥	(ਸੁਖਾਨੇ) ਸੁਖਦਾਈ। (ਪਰੀਠਾ)) ਪਰੋਸਿਆ	Jin Gur Bachan Sukhaanae Heearai Thin Aagai Aan Pareethaa ||2||	Those whose hearts are pleased with the Guru's Teachings - the Lord's Presence is revealed to them. ||2||	ਜਿਨ੍ਹਾਂ ਮਨੁੱਖਾਂ ਨੂੰ ਗੁਰੂ ਦੇ ਬਚਨ ਹਿਰਦੇ ਵਿਚ ਪਿਆਰੇ ਲੱਗਦੇ ਹਨ, ਗੁਰੂ ਉਹਨਾਂ ਦੇ ਅੱਗੇ (ਪਰਮਾਤਮਾ ਦਾ ਨਾਮ-ਅੰਮ੍ਰਿਤ) ਲਿਆ ਕੇ ਪਰੋਸ ਦੇਂਦਾ ਹੈ ॥੨॥
7179	171	ਮਨਮੁਖ ਹੀਅਰਾ ਅਤਿ ਕਠੋਰੁ ਹੈ ਤਿਨ ਅੰਤਰਿ ਕਾਰ ਕਰੀਠਾ॥	(ਕਠੋਰ) ਕਰੜਾ। (ਕਾਰ) ਕਾਲ਼ਾ। (ਕਰੀਠਾ) ਕੌੜਾ। (ਦੂਜਾ ਪਾਠ: ਕਾਰਕ ਰੀਠਾ)	Manamukh Heearaa Ath Kathor Hai Thin Anthar Kaar Kareethaa ||	The hearts of the self-willed manmukhs are hard and cruel; their inner beings are dark.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਦਾ ਹਿਰਦਾ ਬੜਾ ਕਰੜਾ ਹੁੰਦਾ ਹੈ, ਉਹਨਾਂ ਦੇ ਅੰਦਰ (ਵਿਕਾਰਾਂ ਦੀ) ਕਾਲਖ ਹੀ ਕਾਲਖ ਹੁੰਦੀ ਹੈ।
7180	171	ਬਿਸੀਅਰ ਕਉ ਬਹੁ ਦੂਧੁ ਪੀਆਈਐ ਬਿਖੁ ਨਿਕਸੈ ਫੋਲਿ ਫੁਲੀਠਾ॥੩॥	(ਬਿਸੀਅਰ) ਸੱਪ। (ਫੁਲੀਠਾ) ਫੋਲਣ ਨਾਲ	Biseear Ko Bahu Dhoodhh Peeaaeeai Bikh Nikasai Fol Fuleethaa ||3||	Even if the poisonous snake is fed large amounts of milk, it will still yield only poison. ||3||	ਸੱਪ ਨੂੰ ਕਿਤਨਾ ਹੀ ਦੁੱਧ ਪਿਲਾਈ ਜਾਈਏ ਪਰ ਉਸ ਦਾ ਅੰਦਰ ਫੋਲਿਆਂ ਜ਼ਹਰ ਹੀ ਨਿਕਲਦਾ ਹੈ (ਇਹੀ ਹਾਲਤ ਮਨਮੁਖ ਦੀ ਹੁੰਦੀ ਹੈ) ॥੩॥

7181	171	ਹਰਿ ਪ੍ਰਭੁ ਆਨਿ ਮਿਲਾਵਹੁ ਗੁਰੁ ਸਾਧੂ ਘਸਿ ਗਰੁੜੁ ਸਬਦੁ ਮੁਖਿ ਲੀਠਾ॥	(ਆਨਿ) ਲਿਆ ਕੇ। (ਗਰੁੜੁ) ਸੱਪ ਦੀ ਜ਼ਹਰ ਕੱਟਣ ਵਾਲਾ ਮੰਤ੍ਰ (ਲੀਠਾ) ਲਿਆ	Har Prabh Aan Milaavahu Gur Saadhhoo Ghas Garurr Sabadh Mukh Leethaa ||	O Lord God, please unite me with the Holy Guru, so that I might joyfully grind and eat the Shabad.	ਹੇ ਹਰੀ! ਹੇ ਪ੍ਰਭੂ! (ਮਿਹਰ ਕਰ) ਮੈਨੂੰ ਸਾਧੂ ਗੁਰੂ ਲਿਆ ਕੇ ਮਿਲਾ, ਮੈਂ ਗੁਰੂ ਦਾ ਸ਼ਬਦ ਆਪਣੇ ਮੂੰਹ ਵਿਚ ਵਸਾਵਾਂ ਤੇ ਮੇਰੇ ਅੰਦਰੋਂ ਵਿਕਾਰਾਂ ਦੀ ਜ਼ਹਰ ਦੂਰ ਹੋਵੇ ਜਿਵੇਂ ਸੱਪ ਦਾ ਜ਼ਹਰ ਦੂਰ ਕਰਨ ਵਾਲੀ ਬੂਟੀ ਘਸਾ ਕੇ ਮੂੰਹ ਵਿਚ ਚੂਸਿਆਂ ਸੱਪ ਦਾ ਜ਼ਹਰ ਉਤਰਦਾ ਹੈ।
7182	171	ਜਨ ਨਾਨਕ ਗੁਰ ਕੇ ਲਾਲੇ ਗੋਲੇ ਲਗਿ ਸੰਗਤਿ ਕਰੂਆ ਮੀਠਾ॥੪॥੯॥੨੩॥੬੧॥	(ਲਾਲੇ ਗੋਲੇ) ਦਾਸਨਦਾਸ। (ਕਰੂਆ) ਕੌੜਾ	Jan Naanak Gur Kae Laalae Golae Lag Sangath Karooaa Meethaa ||4||9||23||61||	Servant Nanak is the slave of the Guru; in the Sangat, the Holy Congregation, the bitter becomes sweet. ||4||9||23||61||	ਹੇ ਦਾਸ ਨਾਨਕ! (ਆਖ-ਅਸੀ) ਗੁਰੂ ਦੇ ਗ਼ੁਲਾਮ ਹਾਂ ਸੇਵਕ ਹਾਂ, ਗੁਰੂ ਦੀ ਸੰਗਤਿ ਵਿਚ ਬੈਠਿਆਂ ਕੌੜਾ (ਸੁਭਾਉ) ਮਿੱਠਾ ਹੋ ਜਾਂਦਾ ਹੈ ॥੪॥੯॥੨੩॥੬੧॥
7183	171	ਗਉੜੀ ਪੂਰਬੀ ਮਹਲਾ ੪॥		Gourree Poorabee Mehalaa 4 ||	Gauree Poorbee, Fourth Mehl:	
7184	171	ਹਰਿ ਹਰਿ ਅਰਥਿ ਸਰੀਰੁ ਹਮ ਬੇਚਿਆ ਪੂਰੇ ਗੁਰ ਕੈ ਆਗੇ॥	(ਅਰਥਿ) ਲਈ	Har Har Arathh Sareer Ham Baechiaa Poorae Gur Kai Aagae ||	For the sake of the Lord, Har, Har, I have sold my body to the Perfect Guru.	(ਹੇ ਭਾਈ!) ਹਰੀ ਦੇ ਮਿਲਾਪ ਦੀ ਖ਼ਾਤਰ ਮੈਂ ਆਪਣਾ ਸਰੀਰ ਪੂਰੇ ਗੁਰੂ ਅੱਗੇ ਵੇਚ ਦਿੱਤਾ ਹੈ।

7185	171	ਸਤਿਗੁਰ ਦਾਤੈ ਨਾਮੁ ਦਿੜਾਇਆ ਮੁਖਿ ਮਸਤਕਿ ਭਾਗ ਸਭਾਗੇ॥੧॥	(ਸਭਾਗੇ) ਸ੍ਰੇਸ਼ਟ ਭਾਗਾਂ ਵਾਲੇ	Sathigur Dhaathai Naam Dhirraaeiaa Mukh Masathak Bhaag Sabhaagae ||1||	The True Guru, the Giver, has implanted the Naam, the Name of the Lord, within me. A very blessed and fortunate destiny is recorded upon my forehead. ||1||	ਦਾਤੇ ਸਤਿਗੁਰੂ ਨੇ (ਮੇਰੇ ਹਿਰਦੇ ਵਿਚ) ਹਰੀ ਦਾ ਨਾਮ ਪੱਕਾ ਕਰ ਦਿੱਤਾ ਹੈ, ਮੇਰੇ ਮੂੰਹ ਉਤੇ ਮੇਰੇ ਮੱਥੇ ਉਤੇ ਭਾਗ ਜਾਗ ਪਏ ਹਨ, ਮੈਂ ਭਾਗਾਂ ਵਾਲਾ ਹੋ ਗਿਆ ਹਾਂ ॥੧॥
7186	171	ਰਾਮ ਗੁਰਮਤਿ ਹਰਿ ਲਿਵ ਲਾਗੇ॥੧॥ਰਹਾਉ॥		Raam Guramath Har Liv Laagae ||1|| Rehaao ||	Through the Guru's Teachings, I am lovingly centered on the Lord. ||1||Pause||	(ਹੇ ਭਾਈ!) ਗੁਰੂ ਦੀ ਮਤਿ ਉਤੇ ਤੁਰਿਆਂ ਹੀ ਰਾਮ ਹਰੀ (ਦੇ ਚਰਨਾਂ) ਵਿਚ ਲਗਨ ਲੱਗਦੀ ਹੈ ॥੧॥ ਰਹਾਉ ॥
7187	172	ਘਟਿ ਘਟਿ ਰਮਈਆ ਰਮਤ ਰਾਮਰਾਇ ਗੁਰ ਸਬਦਿ ਗੁਰੂ ਲਿਵ ਲਾਗੇ॥	(ਰ-ਮਈਆ) ਰਮੇ ਹੋਏ ਵਿਆਪਕ ਬ੍ਰਹਮ ਜੀ। (ਰਮਤ) ਵਿਆਪਕ। (ਰਾਮਰਾਇ) ਵਾਹਿਗੁਰੂ ਜੀ। ਘਟਿ ਘਟਿ: ਪੋਲਾ ਬੋਲੋ	Ghatt Ghatt Rameeaa Ramath Raam Raae Gur Sabadh Guroo Liv Laagae ||	The All-pervading Sovereign Lord King is contained in each and every heart. Through the Guru, and the Word of the Guru's Shabad, I am lovingly centered on the Lord.	(ਭਾਵੇਂ ਉਹ) ਸੋਹਣਾ ਰਾਮ ਹਰੇਕ ਸਰੀਰ ਵਿਚ ਵਿਆਪਕ ਹੈ (ਫਿਰ ਭੀ) ਗੁਰੂ ਦੇ ਸ਼ਬਦ ਦੀ ਰਾਹੀਂ (ਹੀ ਉਸ ਨਾਲ) ਲਗਨ ਲੱਗਦੀ ਹੈ।

7188	172	ਹਉ ਮਨੁ ਤਨੁ ਦੇਵਉ ਕਾਟਿ ਗੁਰੂ ਕਉ ਮੇਰਾ ਭ੍ਰਮੁ ਭਉ ਗੁਰ ਬਚਨੀ ਭਾਗੇ॥੨॥		Ho Man Than Dhaevo Kaatt Guroo Ko Maeraa Bhram Bho Gur Bachanee Bhaagae ||2||	Cutting my mind and body into pieces, I offer them to my Guru. The Guru's Teachings have dispelled my doubt and fear. ||2||	ਮੈਂ ਗੁਰੂ ਨੂੰ ਆਪਣਾ ਮਨ ਆਪਣਾ ਤਨ ਦੇਣ ਨੂੰ ਤਿਆਰ ਹਾਂ (ਆਪਣਾ ਸਿਰ) ਕੱਟ ਕੇ ਦੇਣ ਨੂੰ ਤਿਆਰ ਹਾਂ। ਗੁਰੂ ਦੇ ਬਚਨਾਂ ਦੀ ਰਾਹੀਂ ਹੀ ਮੇਰੀ ਭਟਕਣਾ ਮੇਰਾ ਡਰ ਦੂਰ ਹੋ ਸਕਦਾ ਹੈ ॥੨॥
7189	172	ਅੰਧਿਆਰੈ ਦੀਪਕ ਆਨਿ ਜਲਾਏ ਗੁਰ ਗਿਆਨਿ ਗੁਰੂ ਲਿਵ ਲਾਗੇ॥		Andhhiaarai Dheepak Aan Jalaaeae Gur Giaan Guroo Liv Laagae ||	In the darkness, the Guru has lit the lamp of the Guru's wisdom; I am lovingly focused on the Lord.	(ਮਾਇਆ ਦੇ ਮੋਹ ਦੇ) ਹਨੇਰੇ ਵਿਚ (ਫਸੇ ਹੋਏ ਜੀਵ ਦੇ ਅੰਦਰ ਗੁਰੂ ਹੀ ਗਿਆਨ ਦਾ) ਦੀਵਾ ਲਿਆ ਕੇ ਬਾਲਦਾ ਹੈ, ਗੁਰੂ ਦੇ ਦਿੱਤੇ ਗਿਆਨ ਦੀ ਰਾਹੀਂ ਹੀ (ਪ੍ਰਭੂ-ਚਰਨਾਂ ਵਿਚ) ਲਗਨ ਲੱਗਦੀ ਹੈ,
7190	172	ਅਗਿਆਨੁ ਅੰਧੇਰਾ ਬਿਨਸਿ ਬਿਨਾਸਿਓ ਘਰਿ ਵਸਤੁ ਲਹੀ ਮਨ ਜਾਗੇ॥੩॥	(ਬਿਨਾਸਿਓ) ਨਾਸ ਹੋਇਆ	Agiaan Andhhaeraa Binas Binaasiou Ghar Vasath Lehee Man Jaagae ||3||	The darkness of ignorance has been dispelled, and my mind has been awakened; within the home of my inner being, I have found the genuine article. ||3||	ਅਗਿਆਨਤਾ ਦਾ ਹਨੇਰਾ ਪੂਰੇ ਤੌਰ ਤੇ ਨਾਸ ਹੋ ਜਾਂਦਾ ਹੈ, ਹਿਰਦੇ-ਘਰ ਵਿਚ ਪ੍ਰਭੂ ਦਾ ਨਾਮ-ਪਦਾਰਥ ਲੱਭ ਪੈਂਦਾ ਹੈ, ਮਨ (ਮੋਹ ਦੀ ਨੀਂਦ ਵਿਚੋਂ) ਜਾਗ ਪੈਂਦਾ ਹੈ ॥੩॥
7191	172	ਸਾਕਤ ਬਧਿਕ ਮਾਇਆਧਾਰੀ ਤਿਨ ਜਮ ਜੋਹਨਿ ਲਾਗੇ॥	(ਬੱਧਿਕ) ਸ਼ਿਕਾਰੀ। (ਜੋਹਨਿ) ਤੱਕਣ	Saakath Badhhik Maaeiaadhhaaree Thin Jam Johan Laagae ||	The vicious hunters, the faithless cynics, are hunted down by the Messenger of Death.	ਮਾਇਆ ਨੂੰ ਆਪਣੀ ਜ਼ਿੰਦਗੀ ਦਾ ਆਸਰਾ ਬਣਾਣ ਵਾਲੇ ਮਨੁੱਖ ਰੱਬ ਨਾਲੋਂ ਟੁੱਟ ਜਾਂਦੇ ਹਨ, ਨਿਰਦਈ ਹੋ ਜਾਂਦੇ ਹਨ, ਆਤਮਕ ਮੌਤ ਉਹਨਾਂ ਨੂੰ ਆਪਣੀ ਤੱਕ ਵਿਚ ਰੱਖਦੀ ਹੈ।

7192	172	ਉਨ ਸਤਿਗੁਰ ਆਗੈ ਸੀਸੁ ਨ ਬੇਚਿਆ ਓਇ ਆਵਹਿ ਜਾਹਿ ਅਭਾਗੇ॥੪॥	(ਅਭਾਗੇ) ਭਾਗਹੀਨ	Oun Sathigur Aagai Sees N Baechiaa Oue Aavehi Jaahi Abhaagae ||4||	They have not sold their heads to the True Guru; those wretched, unfortunate ones continue coming and going in reincarnation. ||4||	ਉਹ ਮਨੁੱਖ ਸਤਿਗੁਰੂ ਦੇ ਅੱਗੇ ਆਪਣਾ ਸਿਰ ਨਹੀਂ ਵੇਚਦੇ (ਉਹ ਆਪਣੇ ਅੰਦਰੋਂ ਹਉਮੈ ਨਹੀਂ ਗਵਾਂਦੇ) ਉਹ ਬਦ-ਕਿਸਮਤ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ ॥੪॥
7193	172	ਹਮਰਾ ਬਿਨਉ ਸੁਨਹੁ ਪ੍ਰਭ ਠਾਕੁਰ ਹਮ ਸਰਣਿ ਪ੍ਰਭੂ ਹਰਿ ਮਾਗੇ॥	(ਬਿਨਉ) ਬੇਨਤੀ। ਮਾਂਗੇ	Hamaraa Bino Sunahu Prabh Thaakur Ham Saran Prabhoo Har Maagae ||	Hear my prayer, O God, my Lord and Master: I beg for the Sanctuary of the Lord God.	ਹੇ ਪ੍ਰਭੂ! ਹੇ ਠਾਕੁਰ! ਮੇਰੀ ਬੇਨਤੀ ਸੁਣ, ਮੈਂ ਤੇਰੀ ਸਰਨ ਆਇਆ ਹਾਂ, ਮੈਂ ਤੈਥੋਂ ਤੇਰਾ ਨਾਮ ਮੰਗਦਾ ਹਾਂ।
7194	172	ਜਨ ਨਾਨਕ ਕੀ ਲਜ ਪਾਤਿ ਗੁਰੂ ਹੈ ਸਿਰੁ ਬੇਚਿਓ ਸਤਿਗੁਰ ਆਗੇ॥੫॥੧੦॥੨੪॥੬੨॥	(ਲੱਜ) ਲਾਜ (ਪਾਤਿ) ਇੱਜ਼ਤ	Jan Naanak Kee Laj Paath Guroo Hai Sir Baechiou Sathigur Aagae ||5||10||24||62||	Servant Nanak's honor and respect is the Guru; he has sold his head to the True Guru. ||5||10||24||62||	ਦਾਸ ਨਾਨਕ ਦੀ ਲਾਜ ਇੱਜ਼ਤ (ਰੱਖਣ ਵਾਲਾ) ਗੁਰੂ ਹੀ ਹੈ, ਮੈਂ ਸਤਿਗੁਰੂ ਦੇ ਅੱਗੇ ਆਪਣਾ ਸਿਰ ਵੇਚ ਦਿੱਤਾ ਹੈ (ਮੈਂ ਨਾਮ ਦੇ ਵੱਟੇ ਵਿਚ ਆਪਣੀ ਅਪਣੱਤ ਗੁਰੂ ਦੇ ਹਵਾਲੇ ਕਰ ਦਿੱਤੀ ਹੈ) ॥੫॥੧੦॥੨੪॥੬੨॥
7195	172	ਗਉੜੀ ਪੂਰਬੀ ਮਹਲਾ ੪॥		Gourree Poorabee Mehalaa 4 ||	Gauree Poorbee, Fourth Mehl:	

7196	172	ਹਮ ਅਹੰਕਾਰੀ ਅਹੰਕਾਰ ਅਗਿਆਨ ਮਤਿ ਗੁਰਿ ਮਿਲਿਐ ਆਪੁ ਗਵਾਇਆ॥	ਅਹੰ-ਕਾਰੀ	Ham Ahankaaree Ahankaar Agiaan Math Gur Miliai Aap Gavaaeiaa ||	I am egotistical and conceited, and my intellect is ignorant. Meeting the Guru, my selfishness and conceit have been abolished.	(ਗੁਰੂ ਤੋਂ ਬਿਨਾ) ਅਸੀਂ ਜੀਵ ਅਹੰਕਾਰੀ ਹੋਏ ਰਹਿੰਦੇ ਹਾਂ, ਸਾਡੀ ਮਤਿ ਅਹੰਕਾਰ ਤੇ ਅਗਿਆਨਤਾ ਵਾਲੀ ਬਣੀ ਰਹਿੰਦੀ ਹੈ। ਜਦੋਂ ਗੁਰੂ ਮਿਲ ਪਏ, ਤਦੋਂ ਆਪਾ-ਭਾਵ ਦੂਰ ਹੋ ਜਾਂਦਾ ਹੈ।
7197	172	ਹਉਮੈ ਰੋਗੁ ਗਇਆ ਸੁਖੁ ਪਾਇਆ ਧਨੁ ਧੰਨੁ ਗੁਰੂ ਹਰਿ ਰਾਇਆ॥੧॥	(ਰਾਇਆ) ਪਾਤਸ਼ਾਹ	Houmai Rog Gaeiaa Sukh Paaeiaa Dhhan Dhhann Guroo Har Raaeiaa ||1||	The illness of egotism is gone, and I have found peace. Blessed, blessed is the Guru, the Sovereign Lord King. ||1||	(ਗੁਰੂ ਦੀ ਮਿਹਰ ਨਾਲ ਜਦੋਂ) ਹਉਮੈ ਦਾ ਰੋਗ ਦੂਰ ਹੁੰਦਾ ਹੈ, ਤਦੋਂ ਆਤਮਕ ਆਨੰਦ ਮਿਲਦਾ ਹੈ। ਇਹ ਸਾਰੀ ਮਿਹਰ ਗੁਰੂ ਦੀ ਹੀ ਹੈ, ਗੁਰੂ ਦੀ ਹੀ ਹੈ ॥੧॥
7198	172	ਰਾਮ ਗੁਰ ਕੈ ਬਚਨਿ ਹਰਿ ਪਾਇਆ॥੧॥ਰਹਾਉ ॥		Raam Gur Kai Bachan Har Paaeiaa ||1|| Rehaao ||	I have found the Lord, through the Teachings of the Guru. ||1||Pause||	ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਹੀ ਰਾਮ ਨਾਲ ਹਰੀ ਨਾਲ ਮਿਲਾਪ ਹੁੰਦਾ ਹੈ ॥੧॥ ਰਹਾਉ ॥
7199	172	ਮੇਰੈ ਹੀਅਰੈ ਪ੍ਰੀਤਿ ਰਾਮਰਾਇ ਕੀ ਗੁਰਿ ਮਾਰਗੁ ਪੰਥੁ ਬਤਾਇਆ॥	(ਹੀਅਰੈ) ਹਿਰਦੇ ਚ। (ਪੰਥੁ) ਰਸਤਾ	Maerai Heearai Preeth Raam Raae Kee Gur Maarag Panthh Bathaaeiaa ||	My heart is filled with love for the Sovereign Lord King; the Guru has shown me the path and the way to find Him.	(ਗੁਰੂ ਦੀ ਕਿਰਪਾ ਨਾਲ ਹੀ) ਮੇਰੇ ਹਿਰਦੇ ਵਿਚ ਪਰਮਾਤਮਾ (ਦੇ ਚਰਨਾਂ) ਦੀ ਪ੍ਰੀਤਿ ਪੈਦਾ ਹੋਈ ਹੈ, ਗੁਰੂ ਨੇ (ਹੀ ਪਰਮਾਤਮਾ ਦੇ ਮਿਲਾਪ ਦਾ) ਰਸਤਾ ਦੱਸਿਆ ਹੈ।

7200	172	ਮੇਰਾ ਜੀਉ ਪਿੰਡੁ ਸਭੁ ਸਤਿਗੁਰ ਆਗੈ ਜਿਨਿ ਵਿਛੁੜਿਆ ਹਰਿ ਗਲਿ ਲਾਇਆ॥੨॥	(ਜੀਉ) ਜਿੰਦ। (ਪਿੰਡੁ) ਸਰੀਰ	Maeraa Jeeo Pindd Sabh Sathigur Aagai Jin Vishhurriaa Har Gal Laaeiaa ||2||	My soul and body all belong to the Guru; I was separated, and He has led me into the Lord's Embrace. ||2||	ਮੈਂ ਆਪਣੀ ਜਿੰਦ ਆਪਣਾ ਸਰੀਰ ਸਭ ਕੁਝ ਗੁਰੂ ਦੇ ਅੱਗੇ ਰੱਖ ਦਿੱਤਾ ਹੈ, ਕਿਉਂਕਿ ਗੁਰੂ ਨੇ ਹੀ ਮੈਨੂੰ ਵਿੱਛੁੜੇ ਹੋਏ ਨੂੰ ਪਰਮਾਤਮਾ ਦੇ ਗਲ ਨਾਲ ਲਾ ਦਿੱਤਾ ਹੈ ॥੨॥
7201	172	ਮੇਰੈ ਅੰਤਰਿ ਪ੍ਰੀਤਿ ਲਗੀ ਦੇਖਨ ਕਉ ਗੁਰਿ ਹਿਰਦੈ ਨਾਲਿ ਦਿਖਾਇਆ॥		Maerai Anthar Preeth Lagee Dhaekhan Ko Gur Hiradhae Naal Dhikhaaeiaa ||	Deep within myself, I would love to see the Lord; the Guru has inspired me to see Him within my heart.	(ਗੁਰੂ ਦੀ ਕਿਰਪਾ ਨਾਲ ਹੀ) ਮੇਰੇ ਅੰਦਰ ਪਰਮਾਤਮਾ ਦਾ ਦਰਸਨ ਕਰਨ ਦੀ ਤਾਂਘ ਪੈਦਾ ਹੋਈ, ਗੁਰੂ ਨੇ (ਹੀ) ਮੈਨੂੰ ਮੇਰੇ ਹਿਰਦੇ ਵਿਚ ਵੱਸਦਾ ਮੇਰੇ ਨਾਲ ਵੱਸਦਾ ਪਰਮਾਤਮਾ ਵਿਖਾ ਦਿੱਤਾ।
7202	172	ਸਹਜ ਅਨੰਦੁ ਭਇਆ ਮਨਿ ਮੋਰੈ ਗੁਰ ਆਗੈ ਆਪੁ ਵੇਚਾਇਆ॥੩॥	(ਸਹਜ) ਨਿਰਯਤਨ ਹੀ	Sehaj Anandh Bhaeiaa Man Morai Gur Aagai Aap Vaechaaeiaa ||3||	Within my mind, intuitive peace and bliss have arisen; I have sold myself to the Guru. ||3||	ਮੇਰੇ ਮਨ ਵਿਚ (ਹੁਣ) ਆਤਮਕ ਅਡੋਲਤਾ ਦਾ ਸੁਖ ਪੈਦਾ ਹੋ ਗਿਆ ਹੈ, (ਉਸ ਦੇ ਇਵਜ਼ ਵਿਚ) ਮੈਂ ਆਪਣਾ ਆਪ ਗੁਰੂ ਦੇ ਅੱਗੇ ਵੇਚ ਦਿੱਤਾ ਹੈ ॥੩॥

7203	172	ਹਮ ਅਪਰਾਧ ਪਾਪ ਬਹੁ ਕੀਨੇ ਕਰਿ ਦੁਸਟੀ ਚੋਰ ਚੁਰਾਇਆ॥	(ਦੁਸਟੀ) ਦੁਸਟਤਾਈ। ਚੋਰ ਬਣਕੇ, ਪਰ ਧਨ ਪਰ ਤੀਅ ਪਦਾਰਥ, ਬੇਅੰਤ ਜਨਮਾਂ ਚ (ਚੁਰਾਇਆ) ਚੋਰੀ ਕੀਤਾ	Ham Aparaadhh Paap Bahu Keenae Kar Dhusattee Chor Churaaeiaa ||	I am a sinner - I have committed so many sins; I am a villainous, thieving thief.	ਮੈਂ ਬਥੇਰੇ ਪਾਪ ਅਪਰਾਧ ਕਰਦਾ ਰਿਹਾ, ਕਈ ਭੈੜ ਕਰਦਾ ਰਿਹਾ ਤੇ ਲੁਕਾਂਦਾ ਰਿਹਾ ਜਿਵੇਂ ਚੋਰ ਆਪਣੀ ਚੋਰੀ ਲੁਕਾਂਦੇ ਹਨ।
7204	172	ਅਬ ਨਾਨਕ ਸਰਣਾਗਤਿ ਆਏ ਹਰਿ ਰਾਖਹੁ ਲਾਜ ਹਰਿ ਭਾਇਆ॥੪॥੧੧॥ ੨੫॥੬੩॥	(ਸਰ-ਣਾਗਤਿ) ਸ਼ਰਨ ਚ । (ਲਾਜ) ਸ਼ਰਮ, ਇੱਜ਼ਤ। (ਭਾਇਆ) ਚੰਗਾ ਲੱਗਾ	Ab Naanak Saranaagath Aaeae Har Raakhahu Laaj Har Bhaaeiaa ||4||11||25||63||	Now, Nanak has come to the Lord's Sanctuary; preserve my honor, Lord, as it pleases Your Will. ||4||11||25||63||	ਪਰ ਹੁਣ, ਹੇ ਨਾਨਕ! (ਆਖ-) ਹੇ ਹਰੀ! ਮੈਂ ਤੇਰੀ ਸਰਨ ਆਇਆ ਹਾਂ, ਜੇ ਤੇਰੀ ਮਿਹਰ ਹੋਵੇ ਤਾਂ ਮੇਰੀ ਇੱਜ਼ਤ ਰੱਖ (ਮੈਨੂੰ ਵਿਕਾਰਾਂ ਤੋਂ ਬਚਾਈ ਰੱਖ) ॥੪॥੧੧॥੨੫॥੬੩॥
7205	172	ਗਉੜੀ ਪੂਰਬੀ ਮਹਲਾ ੪॥		Gourree Poorabee Mehalaa 4 ||	Gauree Poorbee, Fourth Mehl:	
7206	172	ਗੁਰਮਤਿ ਬਾਜੈ ਸਬਦੁ ਅਨਾਹਦੁ ਗੁਰਮਤਿ ਮਨੂਆ ਗਾਵੈ॥	(ਅਨਾਹਦੁ) (ਅਨਾ+ਹਦੁ) ਹਦੁ ਤੋਂ (ਅਨਾ) ਰਹਿਤ, ਇੱਕ ਰਸ (ਸਬਦੁ) ਬ੍ਰਹਮ ਵਾਹਿਗੁਰੂ ਅਜਪਾ ਜਾਪ। (ਬਾੱਜੈ) ਵੱਜਦਾ	Guramath Baajai Sabadh Anaahadh Guramath Manooaa Gaavai ||	Through the Guru's Teachings, the unstruck music resounds; through the Guru's Teachings, the mind sings.	ਗੁਰੂ ਦੀ ਮਤਿ ਉਤੇ ਤੁਰਿਆਂ ਹੀ ਗੁਰੂ ਦਾ ਸ਼ਬਦ ਮਨੁੱਖ ਦੇ ਹਿਰਦੇ ਵਿਚ ਇਕ-ਰਸ ਪ੍ਰਭਾਵ ਪਾਈ ਰੱਖਦਾ ਹੈ (ਤੇ ਹੋਰ ਕੋਈ ਮਾਇਕ ਰਸ ਆਪਣਾ ਜ਼ੋਰ ਨਹੀਂ ਪਾ ਸਕਦਾ), ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਹੀ ਮਨੁੱਖ ਦਾ ਮਨ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਹੈ।

7207	172	ਵਡਭਾਗੀ ਗੁਰ ਦਰਸਨੁ ਪਾਇਆ ਧਨੁ ਧੰਨੁ ਗੁਰੂ ਲਿਵ ਲਾਵੈ॥੧॥	(ਲਿਵ) ਬ੍ਰਿਤੀ	Vaddabhaagee Gur Dharasan Paaeiaa Dhhan Dhhann Guroo Liv Laavai ||1||	By great good fortune, I received the Blessed Vision of the Guru's Darshan. Blessed, blessed is the Guru, who has led me to love the Lord. ||1||	ਕੋਈ ਵੱਡੇ ਭਾਗਾਂ ਵਾਲਾ ਮਨੁੱਖ ਗੁਰੂ ਦਾ ਦਰਸਨ ਪ੍ਰਾਪਤ ਕਰਦਾ ਹੈ। ਸਦਕੇ ਗੁਰੂ ਤੋਂ, ਸਦਕੇ ਗੁਰੂ ਤੋਂ। ਗੁਰੂ (ਮਨੁੱਖ ਦੇ ਅੰਦਰ ਪਰਮਾਤਮਾ ਦੇ ਮਿਲਾਪ ਦੀ) ਲਗਨ ਪੈਦਾ ਕਰਦਾ ਹੈ ॥੧॥
7208	172	ਗੁਰਮੁਖਿ ਹਰਿ ਲਿਵ ਲਾਵੈ॥੧॥ਰਹਾਉ॥		Guramukh Har Liv Laavai ||1|| Rehaao ||	The Gurmukh is lovingly centered on the Lord. ||1||Pause||	ਗੁਰੂ ਦੇ ਸਨਮੁਖ ਰਹਿ ਕੇ ਹੀ ਮਨੁੱਖ (ਆਪਣੇ ਅੰਦਰ) ਹਰੀ ਦੇ ਮਿਲਾਪ ਦੀ ਲਗਨ ਪੈਦਾ ਕਰ ਸਕਦਾ ਹੈ ॥੧॥ ਰਹਾਉ ॥
7209	172	ਹਮਰਾ ਠਾਕੁਰੁ ਸਤਿਗੁਰੁ ਪੂਰਾ ਮਨੁ ਗੁਰ ਕੀ ਕਾਰ ਕਮਾਵੈ॥		Hamaraa Thaakur Sathigur Pooraa Man Gur Kee Kaar Kamaavai ||	My Lord and Master is the Perfect True Guru. My mind works to serve the Guru.	(ਹੇ ਭਾਈ!) ਪੂਰਾ ਗੁਰੂ ਹੀ ਮੇਰਾ ਠਾਕੁਰ ਹੈ, ਮੇਰਾ ਮਨ ਗੁਰੂ ਦੀ ਦੱਸੀ ਹੋਈ ਕਾਰ ਹੀ ਕਰਦਾ ਹੈ।
7210	172	ਹਮ ਮਲਿ ਮਲਿ ਧੋਵਹ ਪਾਵ ਗੁਰੂ ਕੇ ਜੋ ਹਰਿ ਹਰਿ ਕਥਾ ਸੁਨਾਵੈ॥੨॥		Ham Mal Mal Dhhoveh Paav Guroo Kae Jo Har Har Kathhaa Sunaavai ||2||	I massage and wash the Feet of the Guru, who recites the Sermon of the Lord. ||2||	ਮੈਂ ਆਪਣੇ ਗੁਰੂ ਦੇ ਪੈਰ ਮਲ ਮਲ ਕੇ ਧੋਂਦਾ ਹਾਂ, ਕਿਉਂਕਿ ਗੁਰੂ ਮੈਨੂੰ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਸੁਣਾਂਦਾ ਹੈ ॥੨॥

7211	172	ਹਿਰਦੈ ਗੁਰਮਤਿ ਰਾਮ ਰਸਾਇਣੁ ਜਿਹਵਾ ਹਰਿ ਗੁਣ ਗਾਵੈ॥	(ਰਸਾਇਣੁ) ਰਸਾਂ ਦੇ ਘਰ	Hiradhai Guramath Raam Rasaaein Jihavaa Har Gun Gaavai ||	The Teachings of the Guru are in my heart; the Lord is the Source of nectar. My tongue sings the Glorious Praises of the Lord.	(ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ) ਹਿਰਦੇ ਵਿਚ ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਸਭ ਰਸਾਂ ਦਾ ਘਰ ਪ੍ਰਭੂ-ਨਾਮ ਵੱਸ ਪੈਂਦਾ ਹੈ, (ਜਿਨ੍ਹਾਂ ਦੀ) ਜੀਭ ਪਰਮਾਤਮਾ ਦੇ ਗੁਣ ਗਾਂਦੀ ਹੈ।
7212	172	ਮਨ ਰਸਕਿ ਰਸਕਿ ਹਰਿ ਰਸਿ ਆਘਾਨੇ ਫਿਰਿ ਬਹੁਰਿ ਨ ਭੂਖ ਲਗਾਵੈ॥੩॥	(ਰਸਕਿ) ਸੁਆਦ ਨਾਲ। (ਆਘਾਨੇ) ਤ੍ਰਿਪਤ	Man Rasak Rasak Har Ras Aaghaanae Fir Bahur N Bhookh Lagaavai ||3||	My mind is immersed in, and drenched with the Lord's essence. Fulfilled with the Lord's Love, I shall never feel hunger again. ||3||	ਉਹਨਾਂ ਦੇ ਮਨ ਸਦਾ ਆਨੰਦ ਨਾਲ ਪਰਮਾਤਮਾ ਦੇ ਨਾਮ-ਰਸ ਵਿਚ ਰੱਜੇ ਰਹਿੰਦੇ ਹਨ, ਉਹਨਾਂ ਨੂੰ ਮੁੜ ਕਦੇ ਮਾਇਆ ਦੀ ਭੁੱਖ ਪੋਹ ਨਹੀਂ ਸਕਦੀ ॥੩॥
7213	172	ਕੋਈ ਕਰੈ ਉਪਾਵ ਅਨੇਕ ਬਹੁਤੇਰੇ ਬਿਨੁ ਕਿਰਪਾ ਨਾਮੁ ਨ ਪਾਵੈ॥	(ਉਪਾਵ) ਯਤਨ	Koee Karai Oupaav Anaek Bahuthaerae Bin Kirapaa Naam N Paavai ||	People try all sorts of things, but without the Lord's Mercy, His Name is not obtained.	ਪਰ ਕੋਈ ਭੀ ਮਨੁੱਖ ਪਰਮਾਤਮਾ ਦਾ ਨਾਮ (ਪਰਮਾਤਮਾ ਦੀ) ਕਿਰਪਾ ਤੋਂ ਬਿਨਾ ਹਾਸਲ ਨਹੀਂ ਕਰ ਸਕਦਾ, ਬੇਸ਼ੱਕ ਕੋਈ ਬਥੇਰੇ ਅਨੇਕਾਂ ਉਪਾਵ ਕਰਦਾ ਰਹੇ।
7214	172	ਜਨ ਨਾਨਕ ਕਉ ਹਰਿ ਕਿਰਪਾ ਧਾਰੀ ਮਤਿ ਗੁਰਮਤਿ ਨਾਮੁ ਦ੍ਰਿੜਾਵੈ॥੪॥੧੨॥੨੬॥੬੪॥		Jan Naanak Ko Har Kirapaa Dhhaaree Math Guramath Naam Dhrirraavai ||4||12||26||64||	The Lord has showered His Mercy upon servant Nanak; through the wisdom of the Guru's Teachings, he has enshrined the Naam, the Name of the Lord. ||4||12||26||64||	ਹੇ ਨਾਨਕ! ਜਿਸ ਦਾਸ ਉਤੇ ਪਰਮਾਤਮਾ ਮਿਹਰ ਕਰਦਾ ਹੈ, ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਉਸ ਦੀ ਮਤਿ ਵਿਚ ਪਰਮਾਤਮਾ ਆਪਣਾ ਨਾਮ ਪੱਕਾ ਕਰ ਦੇਂਦਾ ਹੈ ॥੪॥੧੨॥੨੬॥੬੪॥

7215	172	ਰਾਗੁ ਗਉੜੀ ਮਾਝ ਮਹਲਾ ੪॥		Raag Gourree Maajh Mehalaa 4 ||	Raag Gauree Maajh, Fourth Mehl:	
7216	172	ਗੁਰਮੁਖਿ ਜਿੰਦੂ ਜਪਿ ਨਾਮੁ ਕਰੰਮਾ॥	(ਜਿੰਦੂ) ਜੀਵ। (ਕਰੰਮਾ) ਕਰਮ ਕਰ	Guramukh Jindhoo Jap Naam Karanmaa ||	O my soul, as Gurmukh, do this deed: chant the Naam, the Name of the Lord.	ਹੇ (ਮੇਰੀ) ਜਿੰਦੇ! ਗੁਰੂ ਦੀ ਸਰਨ ਪੈ ਕੇ (ਪਰਮਾਤਮਾ ਦਾ) ਨਾਮ ਜਪੋ, (ਤੇਰੇ) ਭਾਗ (ਜਾਗ ਪਏ ਹਨ)।
7217	172	ਮਤਿ ਮਾਤਾ ਮਤਿ ਜੀਉ ਨਾਮੁ ਮੁਖਿ ਰਾਮਾ॥	(ਮਤਿ) ਬੁੱਧੀ	Math Maathaa Math Jeeo Naam Mukh Raamaa ||	Make that teaching your mother, that it may teach you to keep the Lord's Name in your mouth.	(ਹੇ ਜਿੰਦੇ! ਗੁਰੂ ਦੀ ਦਿੱਤੀ) ਮਤਿ ਨੂੰ (ਆਪਣੀ) ਮਾਂ ਬਣਾ, ਤੇ ਮਤਿ ਨੂੰ ਹੀ ਜੀਵਨ (ਦਾ ਆਸਰਾ ਬਣਾ), ਰਾਮ ਦਾ ਨਾਮ ਮੂੰਹ ਨਾਲ ਜਪ।
7218	172	ਸੰਤੋਖੁ ਪਿਤਾ ਕਰਿ ਗੁਰੁ ਪੁਰਖੁ ਅਜਨਮਾ॥	(ਪੁਰਖੁ) ਪੂਰਨ ਵਿਆਪਕ ਪ੍ਰਕਾਸ਼ ਸਰੂਪ ਬ੍ਰਹਮ। (ਅ-ਜਨਮਾ) ਜਨਮ ਮਰਨ ਰਹਿਤ	Santhokh Pithaa Kar Gur Purakh Ajanamaa ||	Let contentment be your father; the Guru is the Primal Being, beyond birth or incarnation.	(ਹੇ ਜਿੰਦੇ!) ਸੰਤੋਖ ਨੂੰ ਪਿਤਾ ਬਣਾ, ਅਜੋਨੀ ਅਕਾਲ ਪੁਰਖ ਦੇ ਰੂਪ ਗੁਰੂ ਦੀ ਸਰਨ ਪਉ।
7219	173	ਵਡਭਾਗੀ ਮਿਲੁ ਰਾਮਾ॥੧॥		Vaddabhaagee Mil Raamaa ||1||	By great good fortune, you shall meet with the Lord. ||1||	ਹੇ ਜਿੰਦੇ! ਮਿਲ ਰਾਮ ਨੂੰ, ਤੇਰੇ ਭਾਗ ਚੰਗੇ ਹੋ ਗਏ ਹਨ ॥੧॥
7220	173	ਗੁਰੁ ਜੋਗੀ ਪੁਰਖੁ ਮਿਲਿਆ ਰੰਗੁ ਮਾਣੀ ਜੀਉ॥	(ਜੋਗੀ) ਜੁੜੇ ਹੋਏ। (ਰੰਗੁ) ਅਨੰਦ	Gur Jogee Purakh Miliaa Rang Maanee Jeeo ||	I have met the Guru, the Yogi, the Primal Being; I am delighted with His Love.	(ਹੇ ਭਾਈ!) ਪ੍ਰਭੂ ਦਾ ਰੂਪ ਜੋਗੀ-ਰੂਪ ਮਿਲ ਪਿਆ ਹੈ (ਉਸ ਦੀ ਕਿਰਪਾ ਨਾਲ) ਮੈਂ ਆਤਮਕ ਆਨੰਦ ਮਾਣਦਾ ਹਾਂ।

7221	173	ਗੁਰੁ ਹਰਿ ਰੰਗਿ ਰਤੜਾ ਸਦਾ ਨਿਰਬਾਣੀ ਜੀਉ॥	(ਰੱਤੜਾ) ਰੰਗੇ ਹੋਏ। (ਨਿਰਬਾਣੀ) ਦੁੱਖਾਂ ਤੋਂ ਰਹਿਤ ਨਿਰਲੇਪ, ਸੁਮੇਰ ਪਰਬਤ ਵਾਂਗ ਅਚੱਲ ਅਡੋਲ ਨਿਰਭੈ, ਅਕਾਲ ਪੁਰਖ ਜੀ ਚ ਅਭੇਦ	Gur Har Rang Ratharraa Sadhaa Nirabaanee Jeeo ||	The Guru is imbued with the Love of the Lord; He dwells forever in Nirvaanaa.	ਗੁਰੂ ਸਦਾ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਤੇ ਗੁਰੂ ਸਦਾ ਵਾਸਨਾ-ਰਹਿਤ ਹੈ।
7222	173	ਵਡਭਾਗੀ ਮਿਲੁ ਸੁਘੜ ਸੁਜਾਣੀ ਜੀਉ॥	(ਸੁਘ-ੜ) ਸਿਆਣੇ। (ਸੁਜਾਣੀ) ਸ੍ਰੇਸ਼ਟ ਜਾਣੀ ਜਾਣ	Vaddabhaagee Mil Sugharr Sujaanee Jeeo ||	By great good fortune, I met the most accomplished and all-knowing Lord.	ਹੇ ਵੱਡੇ ਭਾਗਾਂ ਵਾਲੇ! ਉਸ ਸੋਹਣੇ ਜੀਵਨ ਵਾਲੇ ਸੁਜਾਨ ਗੁਰੂ ਨੂੰ ਮਿਲ।
7223	173	ਮੇਰਾ ਮਨੁ ਤਨੁ ਹਰਿ ਰੰਗਿ ਭਿੰਨਾ॥੨॥	(ਭਿੰਨਾ) ਭਿੱਜਾ	Maeraa Man Than Har Rang Bhinnaa ||2||	My mind and body are drenched in the Love of the Lord. ||2||	(ਗੁਰੂ ਦੀ ਕਿਰਪਾ ਨਾਲ ਹੀ) ਮੇਰਾ ਮਨ ਮੇਰਾ ਤਨ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਭਿੱਜ ਗਿਆ ਹੈ ॥੨॥
7224	173	ਆਵਹੁ ਸੰਤਹੁ ਮਿਲਿ ਨਾਮੁ ਜਪਾਹਾ॥	(ਜਪਾਹਾ) ਜਪੀਏ	Aavahu Santhahu Mil Naam Japaahaa ||	Come, O Saints - let's meet together and chant the Naam, the Name of the Lord.	ਹੇ ਸੰਤ ਜਨੋ! ਆਓ, ਅਸੀਂ ਰਲ ਕੇ ਪਰਮਾਤਮਾ ਦਾ ਨਾਮ ਜਪੀਏ।
7225	173	ਵਿਚਿ ਸੰਗਤਿ ਨਾਮੁ ਸਦਾ ਲੈ ਲਾਹਾ ਜੀਉ॥		Vich Sangath Naam Sadhaa Lai Laahaa Jeeo ||	In the Sangat, the Holy Congregation, let's earn the lasting profit of the Naam.	(ਹੇ ਭਾਈ!) ਸਾਧ ਸੰਗਤਿ ਵਿਚ ਮਿਲ ਕੇ ਸਦਾ ਹਰਿ-ਨਾਮ ਦੀ ਖੱਟੀ ਖੱਟ।

7226	173	ਕਰਿ ਸੇਵਾ ਸੰਤਾ ਅੰਮ੍ਰਿਤੁ ਮੁਖਿ ਪਾਹਾ ਜੀਉ॥	(ਪਾਹਾ) ਪਾਈਏ	Kar Saevaa Santhaa Anmrith Mukh Paahaa Jeeo ||	Let's serve the Saints, and drink in the Ambrosial Nectar.	(ਹੇ ਭਾਈ! ਆਓ, ਸਾਧ ਸੰਗਤਿ ਵਿਚ) ਗੁਰਮੁਖਾਂ ਦੀ ਸੇਵਾ ਕਰ ਕੇ ਆਪਣੇ ਮੂੰਹ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਭੋਜਨ ਪਾਈਏ।
7227	173	ਮਿਲੁ ਪੂਰਬਿ ਲਿਖਿਅੜੇ ਧੁਰਿ ਕਰਮਾ॥੩॥	(ਪੂਰਬਿ) ਪਹਿਲੇ। (ਧੁਰਿ) ਧੁਰ ਤੋਂ	Mil Poorab Likhiarrae Dhhur Karamaa ||3||	By one's karma and pre-ordained destiny, they are met. ||3||	(ਹੇ ਜਿੰਦੇ!) ਮਿਲ ਪ੍ਰਭੂ ਨੂੰ, ਪ੍ਰਭੂ ਦੀ ਦਰਗਾਹ ਤੋਂ ਉਸ ਦੀ ਬਖ਼ਸ਼ਸ਼ ਦੇ ਪੂਰਬਲੇ ਸਮੇ ਦੇ ਲੇਖ ਜਾਗ ਪਏ ਹਨ ॥੩॥
7228	173	ਸਾਵਣਿ ਵਰਸੁ ਅੰਮ੍ਰਿਤਿ ਜਗੁ ਛਾਇਆ ਜੀਉ॥	(ਵਰਸੁ) ਵਰਸਣਾ। (ਛਾਇਆ) ਪਸਰਿਆ। ਅੰਮ ਿ੍ਰ ਤਿ	Saavan Varas Anmrith Jag Shhaaeiaa Jeeo ||	In the month of Saawan, the clouds of Ambrosial Nectar hang over the world.	(ਜਿਵੇਂ) ਸਾਵਣ (ਦੇ ਮਹੀਨੇ) ਵਿਚ ਬੱਦਲ (ਵਰ੍ਹਦਾ ਹੈ ਤੇ) ਜਗਤ ਨੂੰ (ਧਰਤੀ ਨੂੰ) ਜਲ ਨਾਲ ਭਰਪੂਰ ਕਰ ਦੇਂਦਾ ਹੈ,
7229	173	ਮਨੁ ਮੋਰੁ ਕੁਹੁਕਿਅੜਾ ਸਬਦੁ ਮੁਖਿ ਪਾਇਆ॥	ਮਿੱਠੀ ਧੁਨ ਚ (ਕੁਹੁ-ਕਿਅੜਾ) ਬੋਲਿਆ	Man Mor Kuhukiarraa Sabadh Mukh Paaeiaa ||	The peacock of the mind chirps, and receives the Word of the Shabad, in its mouth;	(ਉਸ ਬੱਦਲ ਨੂੰ ਵੇਖ ਵੇਖ ਕੇ) ਮੋਰ ਆਪਣੀ ਮਿੱਠੀ ਬੋਲੀ ਬੋਲਦਾ ਹੈ, (ਤਿਵੇਂ ਗੁਰੂ) ਨਾਮ-ਅੰਮ੍ਰਿਤ ਨਾਲ ਜਗਤ ਨੂੰ ਪ੍ਰਭਾਵਿਤ ਕਰਦਾ ਹੈ (ਜਿਸ ਵਡ-ਭਾਗੀ ਉਤੇ ਮਿਹਰ ਹੁੰਦੀ ਹੈ ਉਸ ਦਾ) ਮਨ ਉਛਾਲੇ ਮਾਰਦਾ ਹੈ (ਉਹ ਮਨੁੱਖ ਗੁਰੂ ਦੇ) ਸ਼ਬਦ ਨੂੰ ਆਪਣੇ ਮੂੰਹ ਵਿਚ ਪਾਂਦਾ ਹੈ।

7230	173	ਹਰਿ ਅੰਮ੍ਰਿਤੁ ਵੁਠੜਾ ਮਿਲਿਆ ਹਰਿ ਰਾਇਆ ਜੀਉ॥	(ਵੁੱਠੜਾ) ਵਸਿਆ। (ਰਾਇਆ) ਪਾਤਸ਼ਾਹ	Har Anmrith Vutharraa Miliaa Har Raaeiaa Jeeo ||	The Ambrosial Nectar of the Lord rains down, and the Sovereign Lord King is met.	(ਜਿਸ ਮਨੁੱਖ ਦੇ ਹਿਰਦੇ ਵਿਚ) ਨਾਮ ਅੰਮ੍ਰਿਤ ਆ ਵੱਸਦਾ ਹੈ, (ਜਿਸ ਨੂੰ) ਪਰਮਾਤਮਾ ਮਿਲ ਪੈਂਦਾ ਹੈ,
7231	173	ਜਨ ਨਾਨਕ ਪ੍ਰੇਮਿ ਰਤੰਨਾ॥੪॥੧॥੨੭॥ ੬੫॥	(ਰਤੰਨਾ) ਰੱਤਿਆ	Jan Naanak Praem Rathannaa ||4||1||27||65||	Servant Nanak is imbued with the Love of the Lord. ||4||1||27||65||	ਹੇ ਦਾਸ ਨਾਨਕ! ਉਹ ਪ੍ਰਭੂ-ਪ੍ਰੇਮ ਵਿਚ ਰੰਗਿਆ ਜਾਂਦਾ ਹੈ ॥੪॥੧॥੨੭॥੬੫॥
7232	173	ਗਉੜੀ ਮਾਝ ਮਹਲਾ ੪॥		Gourree Maajh Mehalaa 4 ||	Gauree Maajh, Fourth Mehl:	
7233	173	ਆਉ ਸਖੀ ਗੁਣ ਕਾਮਣ ਕਰੀਹਾ ਜੀਉ॥	ਸ਼ੁਭ ਗੁਣ ਰੂਪੀ (ਕੱਾਮਣ) ਮੰਤ੍ਰ	Aao Sakhee Gun Kaaman Kareehaa Jeeo ||	Come, O sisters - let's make virtue our charms.	ਹੇ (ਸਤਸੰਗੀ ਜੀਵ-ਇਸਤ੍ਰੀ) ਸਹੇਲੀਏ! ਆ, ਅਸੀਂ ਪ੍ਰਭੂ ਦੇ ਗੁਣਾਂ ਦੇ ਟੂਣੇ-ਜਾਦੂ ਤਿਆਰ ਕਰੀਏ (ਤੇ ਪ੍ਰਭੂ-ਪਤੀ ਨੂੰ ਵੱਸ ਕਰੀਏ),
7234	173	ਮਿਲਿ ਸੰਤ ਜਨਾ ਰੰਗੁ ਮਾਣਿਹ ਰਲੀਆ ਜੀਉ॥	(ਮਾਣਿਹ) ਮਾਣੀਏ। (ਰਲੀਆ) ਆਤਮਕ ਅਨੰਦ	Mil Santh Janaa Rang Maanih Raleeaa Jeeo ||	Let's join the Saints, and enjoy the pleasure of the Lord's Love.	ਸੰਤ ਜਨਾਂ ਨੂੰ ਮਿਲ ਕੇ ਪ੍ਰਭੂ ਦੇ ਮਿਲਾਪ ਦਾ ਆਨੰਦ ਮਾਣੀਏ।
7235	173	ਗੁਰ ਦੀਪਕੁ ਗਿਆਨੁ ਸਦਾ ਮਨਿ ਬਲੀਆ ਜੀਉ॥	ਬਲੀਆ: ਪੋਲਾ ਬੋਲੋ	Gur Dheepak Giaan Sadhaa Man Baleeaa Jeeo ||	The lamp of the Guru's spiritual wisdom burns steadily in my mind.	(ਹੇ ਸਹੇਲੀਏ! ਆ, ਅਸੀਂ ਆਪਣੇ) ਮਨ ਵਿਚ ਗੁਰੂ ਦਾ ਦਿੱਤਾ ਗਿਆਨ-ਦੀਵਾ ਬਾਲੀਏ,

7236	173	ਹਰਿ ਤੁਠੈ ਢੁਲਿ ਢੁਲਿ ਮਿਲੀਆ ਜੀਉ॥੧॥	(: ਪੋਲਾ ਬੋਲੋ ਢੁਲਿ ਢੁਲਿ) ਨਿਵ ਨਿਵ ਕੇ	Har Thuthai Dtul Dtul Mileeaa Jeeo ||1||	The Lord, being pleased and moved by pity, has led me to meet Him. ||1||	(ਇਸ ਤਰ੍ਹਾਂ) ਜੇ ਪ੍ਰਭੂ ਤੁਠ ਪਏ ਤਾਂ ਸ਼ੁਕਰ ਸ਼ੁਕਰ ਵਿਚ ਆ ਕੇ (ਉਸ ਦੇ ਚਰਨਾਂ ਵਿਚ) ਮਿਲ ਜਾਈਏ ॥੧॥
7237	173	ਮੇਰੈ ਮਨਿ ਤਨਿ ਪ੍ਰੇਮੁ ਲਗਾ ਹਰਿ ਢੋਲੇ ਜੀਉ॥	(ਢੋਲੇ) ਪਿਆਰੇ। ਲੱਗਾ	Maerai Man Than Praem Lagaa Har Dtolae Jeeo ||	My mind and body are filled with love for my Darling Lord.	(ਹੇ ਸਹੇਲੀਏ!) ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਹਰਿ-ਮਿਤ੍ਰ ਦਾ ਪਿਆਰ ਪੈਦਾ ਹੋ ਚੁਕਾ ਹੈ।
7238	173	ਮੈ ਮੇਲੇ ਮਿਤ੍ਰੁ ਸਤਿਗੁਰੁ ਵੇਚੋਲੇ ਜੀਉ॥	ਵੇ-ਚੋਲੇ	Mai Maelae Mithra Sathigur Vaecholae Jeeo ||	The True Guru, the Divine Intermediary, has united me with my Friend.	(ਮੇਰੇ ਅੰਦਰ ਤਾਂਘ ਹੈ ਕਿ) ਵਿਚੋਲਾ ਗੁਰੂ ਮੈਨੂੰ ਉਹ ਮਿਤ੍ਰ-ਪ੍ਰਭੂ ਮਿਲਾ ਦੇਵੇ।
7239	173	ਮਨੁ ਦੇਵਾਂ ਸੰਤਾ ਮੇਰਾ ਪ੍ਰਭੁ ਮੇਲੇ ਜੀਉ॥		Man Dhaevaan Santhaa Maeraa Prabh Maelae Jeeo ||	I offer my mind to the Guru, who has led me to meet my God.	(ਹੇ ਸਹੇਲੀਏ!) ਮੈਂ ਆਪਣਾ ਮਨ ਉਨ੍ਹਾਂ ਗੁਰਮੁਖਾਂ ਦੇ ਹਵਾਲੇ ਕਰ ਦਿਆਂ, ਜੇਹੜੇ ਮੈਨੂੰ ਮੇਰਾ ਪ੍ਰਭੂ ਮਿਲਾ ਦੇਣ।
7240	173	ਹਰਿ ਵਿਟੜਿਅਹੁ ਸਦਾ ਘੋਲੇ ਜੀਉ॥੨॥	(ਵਿਟੜਿ-ਅਹੁ) ਤੋਂ	Har Vittarriahu Sadhaa Gholae Jeeo ||2||	I am forever a sacrifice to the Lord. ||2||	ਮੈਂ ਹਰਿ-ਪ੍ਰਭੂ ਤੋਂ ਸਦਾ ਕੁਰਬਾਨ ਸਦਾ ਕੁਰਬਾਨ ਜਾਂਦੀ ਹਾਂ ॥੨॥

7241	173	ਵਸੁ ਮੇਰੇ ਪਿਆਰਿਆ ਵਸੁ ਮੇਰੇ ਗੋਵਿਦਾ ਹਰਿ ਕਰਿ ਕਿਰਪਾ ਮਨਿ ਵਸੁ ਜੀਉ॥	ਵਸੁ : ਪੋਲਾ ਬੋਲੋ	Vas Maerae Piaariaa Vas Maerae Govidhaa Har Kar Kirapaa Man Vas Jeeo ||	Dwell, O my Beloved, dwell, O my Lord of the Universe; O Lord, show mercy to me and come to dwell within my mind.	ਹੇ ਮੇਰੇ ਪਿਆਰੇ ਗੋਵਿੰਦ! ਮਿਹਰ ਕਰ ਕੇ ਮੇਰੇ ਮਨ ਵਿਚ ਆ ਵੱਸ।
7242	173	ਮਨਿ ਚਿੰਦਿਅੜਾ ਫਲੁ ਪਾਇਆ ਮੇਰੇ ਗੋਵਿੰਦਾ ਗੁਰੁ ਪੂਰਾ ਵੇਖਿ ਵਿਗਸੁ ਜੀਉ॥	(ਚਿੰਦਿਅੜਾ) ਭਾਉਂਦਾ। (ਵਿ-ਗੱਸੁ) ਖੇੜਾ, ਅਨੰਦ	Man Chindhiarraa Fal Paaeiaa Maerae Govindhaa Gur Pooraa Vaekh Vigas Jeeo ||	I have obtained the fruits of my mind's desires, O my Lord of the Universe; I am transfixed with ecstasy, gazing upon the Perfect Guru.	ਹੇ ਮੇਰੇ ਗੋਵਿੰਦ! ਪੂਰੇ ਗੁਰੂ ਦਾ ਦਰਸਨ ਕਰ ਕੇ ਜਿਸ ਸੋਹਾਗਣ ਦੇ ਹਿਰਦੇ ਵਿਚ ਖਿੜਾਉ ਪੈਦਾ ਹੁੰਦਾ ਹੈ ਉਹ ਆਪਣੇ ਮਨ ਵਿਚ ਚਿਤਵਿਆ ਹੋਇਆ (ਪ੍ਰਭੂ-ਮਿਲਾਪ ਦਾ) ਫਲ ਪਾ ਲੈਂਦੀ ਹੈ।
7243	173	ਹਰਿ ਨਾਮੁ ਮਿਲਿਆ ਸੋਹਾਗਣੀ ਮੇਰੇ ਗੋਵਿੰਦਾ ਮਨਿ ਅਨ ਦਿਨੁ ਅਨਦੁ ਰਹਸੁ ਜੀਉ॥	(ਰਹ-ਸੁ) ਖੁਸ਼ੀ। ਅਨ-ਦੂ	Har Naam Miliaa Sohaaganee Maerae Govindhaa Man Anadhin Anadh Rehas Jeeo ||	The happy soul-brides receive the Lord's Name, O my Lord of the Universe; night and day, their minds are blissful and happy.	ਹੇ ਮੇਰੇ ਗੋਵਿੰਦ! ਜਿਸ ਸੋਹਾਗਣ ਜੀਵ-ਇਸਤ੍ਰੀ ਨੂੰ ਹਰਿ-ਨਾਮ ਮਿਲ ਜਾਂਦਾ ਹੈ, ਉਸ ਦੇ ਮਨ ਵਿਚ ਹਰ ਵੇਲੇ ਆਨੰਦ ਬਣਿਆ ਰਹਿੰਦਾ ਹੈ ਚਾਉ ਬਣਿਆ ਰਹਿੰਦਾ ਹੈ।

7244	173	ਹਰਿ ਪਾਇਅੜਾ ਵਡਭਾਗੀਈ ਮੇਰੇ ਗੋਵਿੰਦਾ ਨਿਤ ਲੈ ਲਾਹਾ ਮਨਿ ਹਸੁ ਜੀਉ॥੩॥	(ਵਡਭਾਗੀ-ਈ) ਵੱਡੇ ਭਾਗਾਂ ਵਾਲਿਆ ਨੇ। ਹੱਸੁ	Har Paaeiarraa Vaddabhaageeee Maerae Govindhaa Nith Lai Laahaa Man Has Jeeo ||3||	By great good fortune, the Lord is found, O my Lord of the Universe; earning profit continually, the mind laughs with joy. ||3||	ਹੇ ਮੇਰੇ ਗੋਵਿੰਦ! ਜਿਨ੍ਹਾਂ ਭਾਗਾਂ ਵਾਲੀਆਂ ਜੀਵ-ਇਸਤ੍ਰੀਆਂ ਨੇ ਹਰੀ ਦਾ ਮਿਲਾਪ ਹਾਸਲ ਕਰ ਲਿਆ ਹੈ, ਉਹ ਹਰਿ-ਨਾਮ ਦੀ ਖੱਟੀ ਖੱਟ ਕੇ ਮਨ ਵਿਚ ਨਿੱਤ ਆਤਮਕ ਆਨੰਦ ਮਾਣਦੀਆਂ ਹਨ ॥੩॥
7245	173	ਹਰਿ ਆਪਿ ਉਪਾਏ ਹਰਿ ਆਪੇ ਵੇਖੈ ਹਰਿ ਆਪੇ ਕਾਰੈ ਲਾਇਆ ਜੀਉ॥	(ਉਪਾਏ) ਪੈਦਾ ਕਰੇ। ਗੁਰਸੇਵਾ ਭਗਤੀ (ਕਾਰੈ) ਕਾਰ	Har Aap Oupaaeae Har Aapae Vaekhai Har Aapae Kaarai Laaeiaa Jeeo ||	The Lord Himself creates, and the Lord Himself beholds; the Lord Himself assigns all to their tasks.	ਹੇ ਸਹੇਲੀਏ! ਪ੍ਰਭੂ ਆਪ ਹੀ ਜੀਵਾਂ ਨੂੰ ਪੈਦਾ ਕਰਦਾ ਹੈ, ਆਪ ਹੀ (ਸਭ ਦੀ) ਸੰਭਾਲ ਕਰਦਾ ਹੈ ਤੇ ਆਪ ਹੀ (ਸਭ ਨੂੰ) ਕਾਰ ਵਿਚ ਲਾਂਦਾ ਹੈ।
7246	173	ਇਕਿ ਖਾਵਹਿ ਬਖਸ ਤੋਟਿ ਨ ਆਵੈ ਇਕਨਾ ਫਕਾ ਪਾਇਆ ਜੀਉ॥	(ਬਖਸ) ਬਖ਼ਸ਼ਸ਼। (ਫੱਕਾ) ਨਿਰਾਹਾਰ	Eik Khaavehi Bakhas Thott N Aavai Eikanaa Fakaa Paaeiaa Jeeo ||	Some partake of the bounty of the Lord's favor, which never runs out, while others receive only a handful.	ਅਨੇਕਾਂ ਜੀਵ ਐਸੇ ਹਨ ਜੋ ਉਸ ਦੇ ਬਖ਼ਸ਼ੇ ਹੋਏ ਪਦਾਰਥ ਵਰਤਦੇ ਰਹਿੰਦੇ ਹਨ ਤੇ ਉਹ ਪਦਾਰਥ ਕਦੇ ਮੁੱਕਦੇ ਨਹੀਂ। ਅਨੇਕਾਂ ਜੀਵ ਐਸੇ ਹਨ ਜਿਨ੍ਹਾਂ ਨੂੰ ਉਹ ਦੇਂਦਾ ਹੀ ਥੋੜਾ ਕੁਝ ਹੈ।

7247	173	ਇਕਿ ਰਾਜੇ ਤਖਤਿ ਬਹਹਿ ਨਿਤ ਸੁਖੀਏ ਇਕਨਾ ਭਿਖ ਮੰਗਾਇਆ ਜੀਉ॥	(ਭਿਖ) ਭੀਖ। ਬਹ-ਹਿ	Eik Raajae Thakhath Behehi Nith Sukheeeae Eikanaa Bhikh Mangaaeiaa Jeeo ||	Some sit upon thrones as kings, and enjoy constant pleasures, while others must beg for charity.	ਅਨੇਕਾਂ ਐਸੇ ਹਨ ਜੋ (ਉਸ ਦੀ ਮਿਹਰ ਨਾਲ) ਰਾਜੇ (ਬਣ ਕੇ) ਤਖ਼ਤ ਉੱਤੇ ਬੈਠਦੇ ਹਨ ਤੇ ਸਦਾ ਸੁਖੀ ਰਹਿੰਦੇ ਹਨ, ਅਨੇਕਾਂ ਐਸੇ ਹਨ ਜਿਨ੍ਹਾਂ ਪਾਸੋਂ (ਦਰ ਦਰ ਤੇ) ਭੀਖ ਮੰਗਾਂਦਾ ਹੈ।
7248	173	ਸਭੁ ਇਕੋ ਸਬਦੁ ਵਰਤਦਾ ਮੇਰੇ ਗੋਵਿਦਾ ਜਨ ਨਾਨਕ ਨਾਮੁ ਧਿਆਇਆ ਜੀਉ॥੪॥੨॥੨੮॥ ੬੬॥		Sabh Eiko Sabadh Varathadhaa Maerae Govidhaa Jan Naanak Naam Dhhiaaeiaa Jeeo ||4||2||28||66||	The Word of the Shabad is pervading in everyone, O my Lord of the Universe; servant Nanak meditates on the Naam. ||4||2||28||66||	ਹੇ ਦਾਸ ਨਾਨਕ! (ਆਖ-) ਹੇ ਮੇਰੇ ਗੋਵਿੰਦ! ਹਰ ਥਾਂ ਇਕ ਤੇਰਾ ਹੀ ਹੁਕਮ ਵਰਤ ਰਿਹਾ ਹੈ, (ਜਿਸ ਉਤੇ ਤੇਰੀ ਮਿਹਰ ਹੁੰਦੀ ਹੈ ਉਹ) ਤੇਰਾ ਨਾਮ ਸਿਮਰਦਾ ਹੈ ॥੪॥੨॥੨੮॥੬੬॥
7249	173	ਗਉੜੀ ਮਾਝ ਮਹਲਾ ੪॥		Gourree Maajh Mehalaa 4 ||	Gauree Maajh, Fourth Mehl:	
7250	173	ਮਨ ਮਾਹੀ ਮਨ ਮਾਹੀ ਮੇਰੇ ਗੋਵਿੰਦਾ ਹਰਿ ਰੰਗਿ ਰਤਾ ਮਨ ਮਾਹੀ ਜੀਉ॥	(ਮਾਹੀ) ਵਿੱਚ। (ਰੱਤਾ) ਰੰਗਿਆ	Man Maahee Man Maahee Maerae Govindhaa Har Rang Rathaa Man Maahee Jeeo ||	From within my mind, from within my mind, O my Lord of the Universe, I am imbued with the Love of the Lord, from within my mind.	ਹੇ ਮੇਰੇ ਗੋਵਿੰਦ! (ਜਿਸ ਉਤੇ ਤੇਰੀ ਮਿਹਰ ਹੁੰਦੀ ਹੈ, ਉਹ ਮਨੁੱਖ ਆਪਣੇ) ਮਨ ਵਿਚ ਹੀ, ਮਨ ਵਿਚ ਹੀ, ਮਨ ਵਿਚ ਹੀ, ਹਰਿ-ਨਾਮ ਦੇ ਰੰਗ ਵਿਚ ਰੰਗਿਆ ਰਹਿੰਦਾ ਹੈ।

7251	173	ਹਰਿ ਰੰਗੁ ਨਾਲਿ ਨ ਲਖੀਐ ਮੇਰੇ ਗੋਵਿਦਾ ਗੁਰੁ ਪੂਰਾ ਅਲਖੁ ਲਖਾਹੀਂ ਜੀਉ॥	(ਲਖੀਐ) ਜਾਣੀਐ। (ਅ-ਲਖੁ) (ਅ+ਲਖ) (ਲਖ) ਜਾਨਣ ਤੋਂ (ਅ) ਰਹਿਤ (ਲਖਾਹੀਂ) ਜਣਾ ਦਿੰਦੇ	Har Rang Naal N Lakheeai Maerae Govidhaa Gur Pooraa Alakh Lakhaahee Jeeo ||	The Lord's Love is with me, but it cannot be seen, O my Lord of the Universe; the Perfect Guru has led me to see the unseen.	ਹੇ ਮੇਰੇ ਗੋਵਿੰਦ! ਹਰਿ-ਨਾਮ ਦਾ ਆਨੰਦ ਹਰੇਕ ਜੀਵ ਦੇ ਨਾਲ (ਉਸ ਦੇ ਅੰਦਰ ਮੌਜੂਦ) ਹੈ, ਪਰ ਇਹ ਆਨੰਦ (ਹਰੇਕ ਜੀਵ ਪਾਸੋਂ) ਮਾਣਿਆ ਨਹੀਂ ਜਾ ਸਕਦਾ। ਜਿਨ੍ਹਾਂ ਮਨੁੱਖਾਂ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ ਉਹ ਉਸ ਅਦ੍ਰਿਸ਼ਟ ਪਰਮਾਤਮਾ ਨੂੰ ਲੱਭ ਲੈਂਦੇ ਹਨ।
7252	173	ਹਰਿ ਹਰਿ ਨਾਮੁ ਪਰਗਾਸਿਆ ਮੇਰੇ ਗੋਵਿੰਦਾ ਸਭ ਦਾਲਦ ਦੁਖ ਲਹਿ ਜਾਹੀ ਜੀਉ॥	(ਦਾਲਦ) ਗ੍ਰੀਬੀ	Har Har Naam Paragaasiaa Maerae Govindhaa Sabh Dhaaladh Dhukh Lehi Jaahee Jeeo ||	He has revealed the Name of the Lord, Har, Har, O my Lord of the Universe; all poverty and pain have departed.	ਹੇ ਮੇਰੇ ਗੋਵਿੰਦ! ਜਿਨ੍ਹਾਂ ਦੇ ਅੰਦਰ ਤੂੰ ਹਰਿ-ਨਾਮ ਦਾ ਪਰਕਾਸ਼ ਕਰਦਾ ਹੈਂ, ਉਹਨਾਂ ਦੇ ਸਾਰੇ ਦੁੱਖ ਦਲਿੱਦਰ ਦੂਰ ਹੋ ਜਾਂਦੇ ਹਨ।
7253	173	ਹਰਿ ਪਦੁ ਊਤਮੁ ਪਾਇਆ ਮੇਰੇ ਗੋਵਿੰਦਾ ਵਡਭਾਗੀ ਨਾਮਿ ਸਮਾਹੀ ਜੀਉ॥੧॥	(ਊਤਮੁ) ਉੱਚੀ। ਪਦੁ :ਪੋਲਾ ਬੋਲੋ। (ਪਦੁ) ਪਦਵੀ। (ਸਮਾਹੀ) ਲੀਨ	Har Padh Ootham Paaeiaa Maerae Govindhaa Vaddabhaagee Naam Samaahee Jeeo ||1||	I have obtained the supreme status of the Lord, O my Lord of the Universe; by great good fortune, I am absorbed in the Naam. ||1||	ਹੇ ਮੇਰੇ ਗੋਵਿੰਦ! ਜਿਨ੍ਹਾਂ ਮਨੁੱਖਾਂ ਨੂੰ ਹਰਿ-ਮਿਲਾਪ ਦੀ ਉੱਚੀ ਅਵਸਥਾ ਪ੍ਰਾਪਤ ਹੋ ਜਾਂਦੀ ਹੈ, ਉਹ ਵਡ-ਭਾਗੀ ਮਨੁੱਖ ਹਰਿ-ਨਾਮ ਵਿਚ ਲੀਨ ਰਹਿੰਦੇ ਹਨ ॥੧॥

7254	173	ਨੈਣੀ ਮੇਰੇ ਪਿਆਰਿਆ ਨੈਣੀ ਮੇਰੇ ਗੋਵਿਦਾ ਕਿਨੈ ਹਰਿ ਪ੍ਰਭੁ ਡਿਠੜਾ ਨੈਣੀ ਜੀਉ॥	(ਨੈਣੀ) ਨੇਤ੍ਰਾਂ ਨਾਲ	Nainee Maerae Piaariaa Nainee Maerae Govidhaa Kinai Har Prabh Dditharraa Nainee Jeeo ||	With his eyes, O my Beloved, with his eyes, O my Lord of the Universe - has anyone ever seen the Lord God with his eyes?	ਹੇ ਮੇਰੇ ਪਿਆਰੇ ਗੋਵਿੰਦ! ਤੈਨੂੰ ਹਰਿ-ਪ੍ਰਭੂ ਨੂੰ ਕਿਸੇ ਵਿਰਲੇ (ਵਡ-ਭਾਗੀ ਨੇ ਆਪਣੀਆਂ) ਅੱਖਾਂ ਨਾਲ ਵੇਖਿਆ ਹੈ।
7255	173	ਮੇਰਾ ਮਨੁ ਤਨੁ ਬਹੁਤੁ ਬੈਰਾਗਿਆ ਮੇਰੇ ਗੋਵਿੰਦਾ ਹਰਿ ਬਾਝਹੁ ਧਨ ਕੁਮਲੈਣੀ ਜੀਉ॥	(ਕੁਮਲੈਣੀ) ਮੁਰਝਾਈ	Maeraa Man Than Bahuth Bairaagiaa Maerae Govindhaa Har Baajhahu Dhhan Kumalainee Jeeo ||	My mind and body are sad and depressed, O my Lord of the Universe; without her Husband Lord, the soul-bride is withering away.	ਹੇ ਮੇਰੇ ਗੋਵਿੰਦ! (ਤੇਰੇ ਵਿਛੋੜੇ ਵਿਚ) ਮੇਰਾ ਮਨ ਮੇਰਾ ਹਿਰਦਾ ਬਹੁਤ ਵੈਰਾਗਵਾਨ ਹੋ ਰਿਹਾ ਹੈ। ਹੇ ਹਰੀ! ਤੈਥੋਂ ਬਿਨਾ ਮੈਂ ਜੀਵ-ਇਸਤ੍ਰੀ ਕੁਮਲਾਈ ਪਈ ਹਾਂ।
7256	174	ਸੰਤ ਜਨਾ ਮਿਲਿ ਪਾਇਆ ਮੇਰੇ ਗੋਵਿਦਾ ਮੇਰਾ ਹਰਿ ਪ੍ਰਭੁ ਸਜਣੁ ਸੈਣੀ ਜੀਉ॥	(ਸੈਣੀ) ਮਿੱਤ੍ਰ	Santh Janaa Mil Paaeiaa Maerae Govidhaa Maeraa Har Prabh Sajan Sainee Jeeo ||	Meeting the Saints, O my Lord of the Universe, I have found my Lord God, my Companion, my Best Friend.	ਹੇ ਮੇਰੇ ਗੋਵਿੰਦ! ਮੇਰਾ ਹਰਿ-ਪ੍ਰਭੂ ਮੇਰਾ (ਅਸਲੀ) ਸੱਜਣ ਮਿੱਤਰ (ਜਿਨ੍ਹਾਂ ਨੇ ਭੀ ਲੱਭਾ ਹੈ) ਸੰਤ ਜਨਾਂ ਨੂੰ ਮਿਲ ਕੇ (ਹੀ) ਲੱਭਾ ਹੈ।

7257	174	ਹਰਿ ਆਇ ਮਿਲਿਆ ਜਗਜੀਵਨੁ ਮੇਰੇ ਗੋਵਿੰਦਾ ਮੈ ਸੁਖਿ ਵਿਹਾਣੀ ਰੈਣੀ ਜੀਉ॥੨॥	(ਵਿਹਾਣੀ) ਬਤੀਤ ਹੁੰਦੀ। (ਰੈਣੀ) ਰਾਤ। ਜੱਗਜੀਵਨੁ, ਸੁਖਿ: ਪੋਲਾ ਬੋਲੋ	Har Aae Miliaa Jagajeevan Maerae Govindhaa Mai Sukh Vihaanee Rainee Jeeo ||2||	The Lord, the Life of the World, has come to meet me, O my Lord of the Universe. The night of my life now passes in peace. ||2||	ਹੇ ਮੇਰੇ ਗੋਵਿੰਦ! (ਸੰਤ ਜਨਾਂ ਦੀ ਮਿਹਰ ਨਾਲ ਹੀ) ਮੈਨੂੰ (ਭੀ) ਉਹ ਹਰੀ ਆ ਮਿਲਿਆ ਹੈ ਜੋ ਸਾਰੇ ਜਗਤ ਦੇ ਜੀਵਨ ਦਾ ਆਸਰਾ ਹੈ, ਹੁਣ ਮੇਰੀ (ਜ਼ਿੰਦਗੀ-ਰੂਪ) ਰਾਤ ਆਨੰਦ ਵਿਚ ਬੀਤ ਰਹੀ ਹੈ ॥੨॥
7258	174	ਮੈ ਮੇਲਹੁ ਸੰਤ ਮੇਰਾ ਹਰਿ ਪ੍ਰਭੁ ਸਜਣੁ ਮੈ ਮਨਿ ਤਨਿ ਭੁਖ ਲਗਾਈਆ ਜੀਉ॥	ਭੁੱਖ	Mai Maelahu Santh Maeraa Har Prabh Sajan Mai Man Than Bhukh Lagaaeeaa Jeeo ||	O Saints, unite me with my Lord God, my Best Friend; my mind and body are hungry for Him.	ਹੇ ਸੰਤ ਜਨੋ! ਮੈਨੂੰ ਮੇਰਾ ਸੱਜਣ ਹਰਿ-ਪ੍ਰਭੂ ਮਿਲਾ ਦਿਉ। ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਉਸਦੇ ਮਿਲਣ ਦੀ ਤਾਂਘ ਪੈਦਾ ਹੋ ਰਹੀ ਹੈ।
7259	174	ਹਉ ਰਹਿ ਨ ਸਕਉ ਬਿਨੁ ਦੇਖੇ ਮੇਰੇ ਪ੍ਰੀਤਮ ਮੈ ਅੰਤਰਿ ਬਿਰਹੁ ਹਰਿ ਲਾਈਆ ਜੀਉ॥	(ਬਿਰਹੁ) ਪ੍ਰੇਮ	Ho Rehi N Sako Bin Dhaekhae Maerae Preetham Mai Anthar Birahu Har Laaeeaa Jeeo ||	I cannot survive without seeing my Beloved; deep within, I feel the pain of separation from the Lord.	ਮੈਂ ਆਪਣੇ ਪ੍ਰੀਤਮ ਨੂੰ ਵੇਖਣ ਤੋਂ ਬਿਨਾ ਧੀਰਜ ਨਹੀਂ ਫੜ ਸਕਦਾ, ਮੇਰੇ ਅੰਦਰ ਉਸ ਦੇ ਵਿਛੋੜੇ ਦਾ ਦਰਦ ਉੱਠ ਰਿਹਾ ਹੈ।

7260	174	ਹਰਿ ਰਾਇਆ ਮੇਰਾ ਸਜਣੁ ਪਿਆਰਾ ਗੁਰੁ ਮੇਲੇ ਮੇਰਾ ਮਨੁ ਜੀਵਾਈਆ ਜੀਉ॥	(ਜੀਵਾਈਆ) ਜਿਉਂਦਾ ਕੀਤਾ	Har Raaeiaa Maeraa Sajan Piaaraa Gur Maelae Maeraa Man Jeevaaeeaa Jeeo ||	The Sovereign Lord King is my Beloved, my Best Friend. Through the Guru, I have met Him, and my mind has been rejuvenated.	ਪਰਮਾਤਮਾ ਹੀ ਮੇਰਾ ਰਾਜਾ ਹੈ ਮੇਰਾ ਪਿਆਰਾ ਸੱਜਣ ਹੈ, ਜਦੋਂ (ਉਸ ਨਾਲ) ਗੁਰੂ (ਮੈਨੂੰ) ਮਿਲਾ ਦੇਂਦਾ ਹੈ ਤਾਂ ਮੇਰਾ ਮਨ ਜੀਊ ਪੈਂਦਾ ਹੈ।
7261	174	ਮੇਰੈ ਮਨਿ ਤਨਿ ਆਸਾ ਪੂਰੀਆ ਮੇਰੇ ਗੋਵਿੰਦਾ ਹਰਿ ਮਿਲਿਆ ਮਨਿ ਵਾਧਾਈਆ ਜੀਉ॥੩॥	(ਆਸਾ) ਆਸ (ਪੂਰੀਆ) ਪੂਰਨ ਕੀਤੀ	Maerai Man Than Aasaa Pooreeaa Maerae Govindhaa Har Miliaa Man Vaadhhaaeeaa Jeeo ||3||	The hopes of my mind and body have been fulfilled, O my Lord of the Universe; meeting the Lord, my mind vibrates with joy. ||3||	ਹੇ ਮੇਰੇ ਗੋਵਿੰਦ! ਜਦੋਂ ਤੂੰ ਹਰੀ ਮੈਨੂੰ ਮਿਲ ਪੈਂਦਾ ਹੈ, ਮੇਰੇ ਮਨ ਵਿਚ ਮੇਰੇ ਹਿਰਦੇ ਵਿਚ (ਚਿਰਾਂ ਤੋਂ ਟਿਕੀ) ਆਸ ਪੂਰੀ ਹੋ ਜਾਂਦੀ ਹੈ, ਤਾਂ ਮੇਰੇ ਮਨ ਵਿਚ ਚੜ੍ਹਦੀ ਕਲਾ ਪੈਦਾ ਹੋ ਜਾਂਦੀ ਹੈ ॥੩॥
7262	174	ਵਾਰੀ ਮੇਰੇ ਗੋਵਿੰਦਾ ਵਾਰੀ ਮੇਰੇ ਪਿਆਰਿਆ ਹਉ ਤੁਧੁ ਵਿਟੜਿਅਹੁ ਸਦ ਵਾਰੀ ਜੀਉ॥	(ਵਾਰੀ) ਕੁਰਬਾਨ। (ਵਿਟੜਿ-ਅਹੁ) ਤੋਂ	Vaaree Maerae Govindhaa Vaaree Maerae Piaariaa Ho Thudhh Vittarriahu Sadh Vaaree Jeeo ||	A sacrifice, O my Lord of the Universe, a sacrifice, O my Beloved; I am forever a sacrifice to You.	ਹੇ ਮੇਰੇ ਗੋਵਿੰਦ! ਹੇ ਮੇਰੇ ਪਿਆਰੇ! ਮੈਂ ਸਦਕੇ, ਮੈਂ ਤੈਥੋਂ ਸਦਾ ਸਦਕੇ।

7263	174	ਮੇਰੈ ਮਨਿ ਤਨਿ ਪ੍ਰੇਮੁ ਪਿਰੰਮ ਕਾ ਮੇਰੇ ਗੋਵਿਦਾ ਹਰਿ ਪੂੰਜੀ ਰਾਖੁ ਹਮਾਰੀ ਜੀਉ॥	(ਪਿਰੰਮ) ਪਿਆਰੇ। (ਪੂੰਜੀ) ਰਾਸ	Maerai Man Than Praem Piranm Kaa Maerae Govidhaa Har Poonjee Raakh Hamaaree Jeeo ||	My mind and body are filled with love for my Husband Lord; O my Lord of the Universe, please preserve my assets.	ਹੇ ਮੇਰੇ ਗੋਵਿੰਦ! ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਤੈਂ ਪਿਆਰੇ ਦਾ ਪ੍ਰੇਮ ਜਾਗ ਉਠਿਆ ਹੈ (ਮੈਂ ਤੇਰੀ ਸਰਨ ਆਇਆ ਹਾਂ) ਮੇਰੀ ਇਸ (ਪ੍ਰੇਮ ਦੀ) ਰਾਸ ਦੀ ਤੂੰ ਰਾਖੀ ਕਰ।
7264	174	ਸਤਿਗੁਰੁ ਵਿਸਟੁ ਮੇਲਿ ਮੇਰੇ ਗੋਵਿੰਦਾ ਹਰਿ ਮੇਲੇ ਕਰਿ ਰੈਬਾਰੀ ਜੀਉ॥	(ਵਿਸਟੁ)ਵਿਚੋਲੇ। (ਰੈਬਾਰੀ) ਵਿਚੋਲਗੀ	Sathigur Visatt Mael Maerae Govindhaa Har Maelae Kar Raibaaree Jeeo ||	Unite me with the True Guru, Your Advisor, O my Lord of the Universe; through His guidance, He shall lead me to the Lord.	ਹੇ ਮੇਰੇ ਗੋਵਿੰਦ! ਮੈਨੂੰ ਵਿਚੋਲਾ ਗੁਰੂ ਮਿਲਾ, ਜੇਹੜਾ ਮੇਰੀ (ਜੀਵਨ ਵਿਚ) ਅਗਵਾਈ ਕਰ ਕੇ ਮੈਨੂੰ ਤੈਂ ਹਰੀ ਨਾਲ ਮਿਲਾ ਦੇਵੇ।
7265	174	ਹਰਿ ਨਾਮੁ ਦਇਆ ਕਰਿ ਪਾਇਆ ਮੇਰੇ ਗੋਵਿੰਦਾ ਜਨ ਨਾਨਕੁ ਸਰਣਿ ਤੁਮਾਰੀ ਜੀਉ॥੪॥੩॥੨੯॥ ੬੭॥		Har Naam Dhaeiaa Kar Paaeiaa Maerae Govindhaa Jan Naanak Saran Thumaaree Jeeo ||4||3||29||67||	I have obtained the Lord's Name, by Your Mercy, O my Lord of the Universe; servant Nanak has entered Your Sanctuary. ||4||3||29||67||	ਹੇ ਮੇਰੇ ਗੋਵਿੰਦ! ਮੈਂ ਦਾਸ ਨਾਨਕ ਤੇਰੀ ਸਰਨ ਆਇਆ ਹਾਂ, ਤੇਰੀ ਦਇਆ ਦਾ ਸਦਕਾ ਹੀ ਮੈਨੂੰ ਤੇਰਾ ਹਰਿ-ਨਾਮ ਪ੍ਰਾਪਤ ਹੋਇਆ ਹੈ ॥੪॥੩॥੨੯॥੬੭॥

7266	174	ਗਉੜੀ ਮਾਝ ਮਹਲਾ ੪॥		Gourree Maajh Mehalaa 4 ||	Gauree Maajh, Fourth Mehl:	
7267	174	ਚੋਜੀ ਮੇਰੇ ਗੋਵਿੰਦਾ ਚੋਜੀ ਮੇਰੇ ਪਿਆਰਿਆ ਹਰਿ ਪ੍ਰਭੁ ਮੇਰਾ ਚੋਜੀ ਜੀਉ॥	(ਚੋਜੀ) ਕੌਤਕੀ	Chojee Maerae Govindhaa Chojee Maerae Piaariaa Har Prabh Maeraa Chojee Jeeo ||	Playful is my Lord of the Universe; playful is my Beloved. My Lord God is wondrous and playful.	ਹੇ ਮੇਰੇ ਪਿਆਰੇ! ਹੇ ਮੇਰੇ ਗੋਵਿੰਦ! ਤੂੰ ਆਪਣੀ ਮਰਜ਼ੀ ਦੇ ਕੰਮ ਕਰਨ ਵਾਲਾ ਮੇਰਾ ਹਰਿ-ਪ੍ਰਭੂ ਹੈਂ।
7268	174	ਹਰਿ ਆਪੇ ਕਾਨ੍ਹ ਉਪਾਇਦਾ ਮੇਰੇ ਗੋਵਿਦਾ ਹਰਿ ਆਪੇ ਗੋਪੀ ਖੋਜੀ ਜੀਉ॥	(ਕਾਨ੍ਹ) ਕ੍ਰਿਸ਼ਨ ਜੀ। ਕਾਨ੍ਹ: ਨੰਨੇ ਹੇਠਾਂ ਹਲੰਤ ਭਾਰਾ ਬੋਲੋ, ਹਲੰਤ ਹੇਠਾਂ ਔਂਕੜ ਬੋਲੋ। (ਉਪਾਇਦਾ) ਪੈਦਾ ਕਰਦੇ। (ਗੋਪੀ) ਗਵਾਲਣ	Har Aapae Kaanha Oupaaeidhaa Maerae Govidhaa Har Aapae Gopee Khojee Jeeo ||	The Lord Himself created Krishna, O my Lord of the Universe; the Lord Himself is the milkmaids who seek Him.	ਹਰੀ ਆਪ ਹੀ ਕ੍ਰਿਸ਼ਨ ਨੂੰ ਪੈਦਾ ਕਰਨ ਵਾਲਾ ਹੈ, ਹਰੀ ਆਪ ਹੀ (ਕ੍ਰਿਸ਼ਨ ਨੂੰ) ਲੱਭਣ ਵਾਲੀ ਗਵਾਲਣ ਹੈ।
7269	174	ਹਰਿ ਆਪੇ ਸਭ ਘਟ ਭੋਗਦਾ ਮੇਰੇ ਗੋਵਿੰਦਾ ਆਪੇ ਰਸੀਆ ਭੋਗੀ ਜੀਉ॥	ਮਹਾਂ ਵਿਸਮਾਦ ਬ੍ਰਹਮਾਨੰਦ (ਰਸੀਆ) ਰਸ ਨੂੰ (ਭੋਗਦਾ) ਭੋਗਦੇ	Har Aapae Sabh Ghatt Bhogadhaa Maerae Govindhaa Aapae Raseeaa Bhogee Jeeo ||	The Lord Himself enjoys every heart, O my Lord of the Universe; He Himself is the Ravisher and the Enjoyer.	ਸਭ ਸਰੀਰਾਂ ਵਿਚ ਵਿਆਪਕ ਹੋ ਕੇ ਹਰੀ ਆਪ ਹੀ ਸਭ ਪਦਾਰਥਾਂ ਨੂੰ ਭੋਗਦਾ ਹੈ, ਹਰੀ ਆਪ ਹੀ ਸਾਰੇ ਮਾਇਕ ਪਦਾਰਥਾਂ ਦੇ ਰਸ ਲੈਣ ਵਾਲਾ ਹੈ, ਆਪ ਹੀ ਭੋਗਣ ਵਾਲਾ ਹੈ।

7270	174	ਹਰਿ ਸੁਜਾਣੁ ਨ ਭੁਲਈ ਮੇਰੇ ਗੋਵਿੰਦਾ ਆਪੇ ਸਤਿਗੁਰੁ ਜੋਗੀ ਜੀਉ॥੧॥	(ਸੁਜਾਣੁ) ਸ੍ਰੇਸ਼ਟ ਜਾਣੀਜਾਣ। ਬ੍ਰਹਮ ਜੀ ਚ (ਜੋਗੀ) ਜੁੜੇ ਹੋਏ	Har Sujaan N Bhulee Maerae Govindhaa Aapae Sathigur Jogee Jeeo ||1||	The Lord is All-knowing - He cannot be fooled, O my Lord of the Universe. He is the True Guru, the Yogi. ||1||	(ਪਰ) ਹਰੀ ਬਹੁਤ ਸਿਆਣਾ ਹੈ, (ਸਭ ਪਦਾਰਥਾਂ ਨੂੰ ਭੋਗਣ ਵਾਲਾ ਹੁੰਦਿਆਂ ਭੀ ਉਹ) ਭੁੱਲਦਾ ਨਹੀਂ, ਉਹ ਹਰੀ ਆਪ ਹੀ ਭੋਗਾਂ ਤੋਂ ਨਿਰਲੇਪ ਸਤਿਗੁਰੂ ਹੈ ॥੧॥
7271	174	ਆਪੇ ਜਗਤੁ ਉਪਾਇਦਾ ਮੇਰੇ ਗੋਵਿਦਾ ਹਰਿ ਆਪਿ ਖੇਲੈ ਬਹੁ ਰੰਗੀ ਜੀਉ॥	(ਉਪਾਇਦਾ) ਪੈਦਾ ਕਰਦੇ। ਜੱਗ-ਤੁ	Aapae Jagath Oupaaeidhaa Maerae Govidhaa Har Aap Khaelai Bahu Rangee Jeeo ||	He Himself created the world, O my Lord of the Universe; the Lord Himself plays in so many ways!	ਹਰਿ-ਪ੍ਰਭੂ ਆਪ ਹੀ ਜਗਤ ਪੈਦਾ ਕਰਦਾ ਹੈ, ਹਰੀ ਆਪ ਹੀ ਅਨੇਕਾਂ ਰੰਗਾਂ ਵਿਚ (ਜਗਤ ਦਾ ਖੇਲ) ਖੇਲ ਰਿਹਾ ਹੈ।
7272	174	ਇਕਨਾ ਭੋਗ ਭੋਗਾਇਦਾ ਮੇਰੇ ਗੋਵਿੰਦਾ ਇਕਿ ਨਗਨ ਫਿਰਹਿ ਨੰਗ ਨੰਗੀ ਜੀਉ॥	(ਭੋਗ) ਬ੍ਰਹਮਾਨੰਦ ਰਸ (ਭੋਗਾਇਦਾ) ਭੋਗਉਂਦੇ	Eikanaa Bhog Bhogaaeidhaa Maerae Govindhaa Eik Nagan Firehi Nang Nangee Jeeo ||	Some enjoy enjoyments, O my Lord of the Universe, while others wander around naked, the poorest of the poor.	ਹਰੀ ਆਪ ਹੀ ਅਨੇਕਾਂ ਜੀਵਾਂ ਪਾਸੋਂ ਮਾਇਕ ਪਦਾਰਥਾਂ ਦੇ ਭੋਗ ਭੋਗਾਂਦਾ ਹੈ (ਭਾਵ, ਅਨੇਕਾਂ ਨੂੰ ਰੱਜਵੇਂ ਪਦਾਰਥ ਬਖ਼ਸ਼ਦਾ ਹੈ, ਪਰ) ਅਨੇਕਾਂ ਜੀਵ ਐਸੇ ਹਨ ਜੋ ਨੰਗੇ ਪਏ ਫਿਰਦੇ ਹਨ (ਜਿਨ੍ਹਾਂ ਦੇ ਤਨ ਉਤੇ ਕੱਪੜਾ ਭੀ ਨਹੀਂ)।

7273	174	ਆਪੇ ਜਗਤੁ ਉਪਾਇਦਾ ਮੇਰੇ ਗੋਵਿਦਾ ਹਰਿ ਦਾਨੁ ਦੇਵੈ ਸਭ ਮੰਗੀ ਜੀਉ॥	(ਮੰਗੀ) ਮੰਗਦੇ	Aapae Jagath Oupaaeidhaa Maerae Govidhaa Har Dhaan Dhaevai Sabh Mangee Jeeo ||	He Himself created the world, O my Lord of the Universe; the Lord gives His gifts to all who beg for them.	ਹਰੀ ਆਪ ਹੀ ਸਾਰੇ ਜਗਤ ਨੂੰ ਪੈਦਾ ਕਰਦਾ ਹੈ, ਸਾਰੀ ਲੁਕਾਈ ਉਸ ਪਾਸੋਂ ਮੰਗਦੀ ਰਹਿੰਦੀ ਹੈ, ਉਹ ਸਭਨਾਂ ਨੂੰ ਦਾਤਾਂ ਦੇਂਦਾ ਹੈ।
7274	174	ਭਗਤਾ ਨਾਮੁ ਅਧਾਰੁ ਹੈ ਮੇਰੇ ਗੋਵਿੰਦਾ ਹਰਿ ਕਥਾ ਮੰਗਹਿ ਹਰਿ ਚੰਗੀ ਜੀਉ॥੨॥	(ਅਧਾਰੁ) ਆਸਰਾ। (ਚੰਗੀ) ਸ੍ਰੇਸ਼ਟ	Bhagathaa Naam Aadhhaar Hai Maerae Govindhaa Har Kathhaa Mangehi Har Changee Jeeo ||2||	His devotees have the Support of the Naam, O my Lord of the Universe; they beg for the sublime sermon of the Lord. ||2||	ਉਸ ਦੀ ਭਗਤੀ ਕਰਨ ਵਾਲੇ ਬੰਦਿਆਂ ਨੂੰ ਉਸ ਦੇ ਨਾਮ ਦਾ ਹੀ ਆਸਰਾ ਹੈ, ਉਹ ਹਰੀ ਪਾਸੋਂ ਉਸ ਦੀ ਸ੍ਰੇਸ਼ਟ ਸਿਫ਼ਤ-ਸਾਲਾਹ ਹੀ ਮੰਗਦੇ ਹਨ ॥੨॥
7275	174	ਹਰਿ ਆਪੇ ਭਗਤਿ ਕਰਾਇਦਾ ਮੇਰੇ ਗੋਵਿੰਦਾ ਹਰਿ ਭਗਤਾ ਲੋਚ ਮਨਿ ਪੂਰੀ ਜੀਉ॥	(ਲੋਚ) ਇੱਛਾ	Har Aapae Bhagath Karaaeidhaa Maerae Govindhaa Har Bhagathaa Loch Man Pooree Jeeo ||	The Lord Himself inspires His devotees to worship Him, O my Lord of the Universe; the Lord fulfills the desires of the minds of His devotees.	ਹਰੀ ਆਪ ਹੀ (ਆਪਣੇ ਭਗਤਾਂ ਪਾਸੋਂ) ਆਪਣੀ ਭਗਤੀ ਕਰਾਂਦਾ ਹੈ, ਭਗਤਾਂ ਦੇ ਮਨ ਵਿਚ (ਪੈਦਾ ਹੋਈ ਭਗਤੀ ਦੀ) ਤਾਂਘ ਹਰੀ ਆਪ ਹੀ ਪੂਰੀ ਕਰਦਾ ਹੈ।

7276	174	ਆਪੇ ਜਲਿ ਥਲਿ ਵਰਤਦਾ ਮੇਰੇ ਗੋਵਿਦਾ ਰਵਿ ਰਹਿਆ ਨਹੀ ਦੂਰੀ ਜੀਉ॥	(ਰਵਿ) ਵਿਆਪ ਰਹੇ	Aapae Jal Thhal Varathadhaa Maerae Govidhaa Rav Rehiaa Nehee Dhooree Jeeo ||	He Himself is permeating and pervading the waters and the lands, O my Lord of the Universe; He is All-pervading - He is not far away.	ਜਲ ਵਿਚ, ਧਰਤੀ ਵਿਚ, (ਸਭ ਥਾਂ) ਹਰੀ ਆਪ ਹੀ ਵੱਸ ਰਿਹਾ ਹੈ, (ਸਭ ਜੀਵਾਂ ਵਿਚ) ਵਿਆਪਕ ਹੈ (ਕਿਸੇ ਜੀਵ ਤੋਂ ਉਹ ਹਰੀ) ਦੂਰ ਨਹੀਂ ਹੈ।
7277	174	ਹਰਿ ਅੰਤਰਿ ਬਾਹਰਿ ਆਪਿ ਹੈ ਮੇਰੇ ਗੋਵਿਦਾ ਹਰਿ ਆਪਿ ਰਹਿਆ ਭਰਪੂਰੀ ਜੀਉ॥	(ਭਰਪੂਰੀ) ਵਿਆਪਕ	Har Anthar Baahar Aap Hai Maerae Govidhaa Har Aap Rehiaa Bharapooree Jeeo ||	The Lord Himself is within the self, and outside as well, O my Lord of the Universe; the Lord Himself is fully pervading everywhere.	ਸਭ ਜੀਵਾਂ ਦੇ ਅੰਦਰ ਤੇ ਬਾਹਰ ਸਾਰੇ ਜਗਤ ਵਿਚ ਹਰੀ ਆਪ ਹੀ ਵੱਸਦਾ ਹੈ, ਹਰ ਥਾਂ ਹਰੀ ਆਪ ਹੀ ਭਰਪੂਰ ਹੈ।
7278	174	ਹਰਿ ਆਤਮ ਰਾਮੁ ਪਸਾਰਿਆ ਮੇਰੇ ਗੋਵਿੰਦਾ ਹਰਿ ਵੇਖੈ ਆਪਿ ਹਦੂਰੀ ਜੀਉ॥੩॥	(ਹਦੂਰੀ) ਪ੍ਰਤੱਖ	Har Aatham Raam Pasaariaa Maerae Govindhaa Har Vaekhai Aap Hadhooree Jeeo ||3||	The Lord, the Supreme Soul, is diffused everywhere, O my Lord of the Universe. The Lord Himself beholds all; His Immanent Presence is pervading everywhere. ||3||	ਸਰਬ-ਵਿਆਪਕ ਰਾਮ ਆਪ ਹੀ ਇਸ ਜਗਤ-ਖਿਲਾਰੇ ਨੂੰ ਖਿਲਾਰ ਰਿਹਾ ਹੈ, ਹਰੇਕ ਦੇ ਅੰਗ-ਸੰਗ ਰਹਿ ਕੇ ਹਰੀ ਆਪ ਹੀ ਸਭ ਦੀ ਸੰਭਾਲ ਕਰਦਾ ਹੈ ॥੩॥

7279	174	ਹਰਿ ਅੰਤਰਿ ਵਾਜਾ ਪਉਣੁ ਹੈ ਮੇਰੇ ਗੋਵਿੰਦਾ ਹਰਿ ਆਪਿ ਵਜਾਏ ਤਿਉ ਵਾਜੈ ਜੀਉ॥		Har Anthar Vaajaa Poun Hai Maerae Govindhaa Har Aap Vajaaeae Thio Vaajai Jeeo ||	O Lord, the music of the praanic wind is deep within, O my Lord of the Universe; as the Lord Himself plays this music, so does it vibrate and resound.	ਸਭ ਜੀਵਾਂ ਦੇ ਅੰਦਰ ਪ੍ਰਾਣ-ਰੂਪ ਹੋ ਕੇ ਹਰੀ ਆਪ ਹੀ ਵਾਜਾ (ਵੱਜ ਰਿਹਾ) ਹੈ (ਹਰੇਕ ਜੀਵ ਪ੍ਰਭੂ ਦਾ, ਮਾਨੋ, ਵਾਜਾ ਹੈ) ਜਿਵੇਂ ਉਹ ਹਰੇਕ ਜੀਵ-ਵਾਜੇ ਨੂੰ ਵਜਾਂਦਾ ਹੈ ਤਿਵੇਂ ਹਰੇਕ ਜੀਵ-ਵਾਜਾ ਵੱਜਦਾ ਹੈ।
7280	174	ਹਰਿ ਅੰਤਰਿ ਨਾਮੁ ਨਿਧਾਨੁ ਹੈ ਮੇਰੇ ਗੋਵਿੰਦਾ ਗੁਰ ਸਬਦੀ ਹਰਿ ਪ੍ਰਭੁ ਗਾਜੈ ਜੀਉ॥	(ਨਿਧਾਨੁ) ਖਜ਼ਾਨਾ	Har Anthar Naam Nidhhaan Hai Maerae Govindhaa Gur Sabadhee Har Prabh Gaajai Jeeo ||	O Lord, the treasure of the Naam is deep within, O my Lord of the Universe; through the Word of the Guru's Shabad, the Lord God is revealed.	ਹਰੇਕ ਜੀਵ ਦੇ ਅੰਦਰ ਹਰੀ ਦਾ ਨਾਮ-ਖ਼ਜ਼ਾਨਾ ਮੌਜੂਦ ਹੈ, ਪਰ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਹਰਿ-ਪ੍ਰਭੂ (ਜੀਵ ਦੇ ਅੰਦਰ) ਪਰਗਟ ਹੁੰਦਾ ਹੈ।
7281	174	ਆਪੇ ਸਰਣਿ ਪਵਾਇਦਾ ਮੇਰੇ ਗੋਵਿੰਦਾ ਹਰਿ ਭਗਤ ਜਨਾ ਰਾਖੁ ਲਾਜੈ ਜੀਉ॥		Aapae Saran Pavaaeidhaa Maerae Govindhaa Har Bhagath Janaa Raakh Laajai Jeeo ||	He Himself leads us to enter His Sanctuary, O my Lord of the Universe; the Lord preserves the honor of His devotees.	ਹਰੀ ਆਪ ਹੀ ਜੀਵ ਨੂੰ ਪ੍ਰੇਰ ਕੇ ਆਪਣੀ ਸਰਨ ਵਿਚ ਲਿਆਉਂਦਾ ਹੈ, ਹਰੀ ਆਪ ਹੀ ਭਗਤਾਂ ਦੀ ਇੱਜ਼ਤ ਦਾ ਰਾਖਾ ਬਣਦਾ ਹੈ (ਭਾਵ, ਭਗਤਾਂ ਨੂੰ ਵਿਕਾਰਾਂ ਵਿਚ ਡਿੱਗਣ ਤੋਂ ਬਚਾਂਦਾ ਹੈ)।

7282	175	ਵਡਭਾਗੀ ਮਿਲੁ ਸੰਗਤੀ ਮੇਰੇ ਗੋਵਿੰਦਾ ਜਨ ਨਾਨਕ ਨਾਮ ਸਿਧਿ ਕਾਜੈ ਜੀਉ॥੪॥੪॥੩੦॥੬੮॥	(ਸਿੱਧਿ) ਪੂਰਨ। ਸੰਗਤੀਂ	Vaddabhaagee Mil Sangathee Maerae Govindhaa Jan Naanak Naam Sidhh Kaajai Jeeo ||4||4||30||68||	By great good fortune, one joins the Sangat, the Holy Congregation, O my Lord of the Universe; O servant Nanak, through the Naam, one's affairs are resolved. ||4||4||30||68||	ਹੇ ਦਾਸ ਨਾਨਕ! ਤੂੰ ਭੀ ਸੰਗਤਿ ਵਿਚ ਮਿਲ (ਹਰਿ-ਪ੍ਰਭੂ ਦਾ ਨਾਮ ਜਪ, ਤੇ) ਵੱਡੇ ਭਾਗਾਂ ਵਾਲਾ ਬਣ। ਨਾਮ ਦੀ ਬਰਕਤਿ ਨਾਲ ਹੀ ਜੀਵਨ-ਮਨੋਰਥ ਦੀ ਸਫਲਤਾ ਹੁੰਦੀ ਹੈ ॥੪॥੪॥੩੦॥੬੮॥
7283	175	ਗਉੜੀ ਮਾਝ ਮਹਲਾ ੪॥		Gourree Maajh Mehalaa 4 ||	Gauree Maajh, Fourth Mehl:	
7284	175	ਮੈ ਹਰਿ ਨਾਮੈ ਹਰਿ ਬਿਰਹੁ ਲਗਾਈ ਜੀਉ॥	(ਬਿਰਹੁ) ਪ੍ਰੇਮ	Mai Har Naamai Har Birahu Lagaaee Jeeo ||	The Lord has implanted a longing for the Lord's Name within me.	(ਹੇ ਸੰਤ ਜਨੋ!) ਹਰੀ ਨੇ ਮੈਨੂੰ (ਮੇਰੇ ਅੰਦਰ) ਹਰਿ-ਨਾਮ ਦੀ ਸਿੱਕ ਲਾ ਦਿੱਤੀ ਹੈ,
7285	175	ਮੇਰਾ ਹਰਿ ਪ੍ਰਭੁ ਮਿਤੁ ਮਿਲੈ ਸੁਖੁ ਪਾਈ ਜੀਉ॥	(ਮਿੱਤੁ) ਮਿੱਤ੍ਰ। ਜਦੋਂ ਗੁਰਬਾਣੀ ਜੀ ਦੀ ਤੁਕ ਚ ਮਿਤੁ ਦਾ ਮਰਯਾਦਾ ਅਰਥ ਹੋਵੇ, ਤਾਂ ਮਿਤੁ ਪੋਲਾ ਬੋਲੋ। ਜੇ ਓੱਥੇ ਮਿਤੁ ਦਾ ਅਰਥ ਮਿੱਤ੍ਰ ਹੋਵੇ ਮਿੱਤੁ, ਕਸਕੇ ਉਚਾਰਨਾ	Maeraa Har Prabh Mith Milai Sukh Paaee Jeeo ||	I have met the Lord God, my Best Friend, and I have found peace.	ਮੈਂ (ਹੁਣ ਤਦੋਂ ਹੀ) ਆਨੰਦ ਅਨੁਭਵ ਕਰ ਸਕਦਾ ਹਾਂ ਜਦੋਂ ਮੈਨੂੰ ਮੇਰਾ ਮਿੱਤਰ ਹਰਿ-ਪ੍ਰਭੂ ਮਿਲ ਹੀ ਪਏ।

7286	175	ਹਰਿ ਪ੍ਰਭੁ ਦੇਖਿ ਜੀਵਾ ਮੇਰੀ ਮਾਈ ਜੀਉ॥		Har Prabh Dhaekh Jeevaa Maeree Maaee Jeeo ||	Beholding my Lord God, I live, O my mother.	ਹੇ ਮਾਂ! ਹਰਿ-ਪ੍ਰਭੂ ਨੂੰ ਵੇਖ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ।
7287	175	ਮੇਰਾ ਨਾਮੁ ਸਖਾ ਹਰਿ ਭਾਈ ਜੀਉ॥੧॥		Maeraa Naam Sakhaa Har Bhaaee Jeeo ||1||	The Lord's Name is my Friend and Brother. ||1||	(ਮੈਨੂੰ ਨਿਸ਼ਚਾ ਹੋ ਗਿਆ ਹੈ ਕਿ) ਹਰਿ-ਨਾਮ (ਹੀ) ਮੇਰਾ ਮਿੱਤਰ ਹੈ ਮੇਰਾ ਵੀਰ ਹੈ ॥੧॥
7288	175	ਗੁਣ ਗਾਵਹੁ ਸੰਤ ਜੀਉ ਮੇਰੇ ਹਰਿ ਪ੍ਰਭ ਕੇਰੇ ਜੀਉ॥	(ਕੇਰੇ) ਦੇ	Gun Gaavahu Santh Jeeo Maerae Har Prabh Kaerae Jeeo ||	O Dear Saints, sing the Glorious Praises of my Lord God.	ਹੇ ਸੰਤ ਜਨੋ! ਤੁਸੀ ਮੇਰੇ ਹਰਿ-ਪ੍ਰਭੂ ਦੇ ਗੁਣ ਗਾਵੋ,
7289	175	ਜਪਿ ਗੁਰਮੁਖਿ ਨਾਮੁ ਜੀਉ ਭਾਗ ਵਡੇਰੇ ਜੀਉ॥		Jap Guramukh Naam Jeeo Bhaag Vaddaerae Jeeo ||	As Gurmukh, chant the Naam, the Name of the Lord, O very fortunate ones.	ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਜਪਿਆਂ ਵੱਡੇ ਭਾਗ ਜਾਗ ਪੈਂਦੇ ਹਨ।
7290	175	ਹਰਿ ਹਰਿ ਨਾਮੁ ਜੀਉ ਪ੍ਰਾਨ ਹਰਿ ਮੇਰੇ ਜੀਉ॥	(ਜੀਉ ਪ੍ਰਾਨ) ਜਿੰਦ ਤੇ ਪ੍ਰਾਣ	Har Har Naam Jeeo Praan Har Maerae Jeeo ||	The Name of the Lord, Har, Har, is my soul and my breath of life.	(ਹੇ ਸੰਤ ਜਨੋ!) ਹਰਿ ਦਾ ਨਾਮ (ਹੁਣ) ਮੇਰੀ ਜ਼ਿੰਦਗੀ ਦਾ ਆਸਰਾ ਹੈ।
7291	175	ਫਿਰਿ ਬਹੁੜਿ ਨ ਭਵਜਲ ਫੇਰੇ ਜੀਉ॥੨॥	(ਬਹੁੜਿ) ਮੁੜ	Fir Bahurr N Bhavajal Faerae Jeeo ||2||	I shall never again have to cross over the terrifying world-ocean. ||2||	(ਜੇਹੜਾ ਮਨੁੱਖ ਹਰਿ-ਨਾਮ ਜਪਦਾ ਹੈ ਉਸ ਨੂੰ) ਮੁੜ ਸੰਸਾਰ-ਸਮੁੰਦਰ ਦੇ (ਜਨਮ ਮਰਨ ਦੇ) ਗੇੜ ਨਹੀਂ ਪੈਂਦੇ ॥੨॥

7292	175	ਕਿਉ ਹਰਿ ਪ੍ਰਭ ਵੇਖਾ ਮੇਰੈ ਮਨਿ ਤਨਿ ਚਾਉ ਜੀਉ॥		Kio Har Prabh Vaekhaa Maerai Man Than Chaao Jeeo ||	How shall I behold my Lord God? My mind and body yearn for Him.	ਹੇ ਸੰਤ ਜਨੋ! ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਚਾਉ ਬਣਿਆ ਰਹਿੰਦਾ ਹੈ ਕਿ ਮੈਂ ਕਿਵੇਂ ਹਰਿ-ਪ੍ਰਭੂ ਦਾ ਦਰਸਨ ਕਰ ਸਕਾਂ।
7293	175	ਹਰਿ ਮੇਲਹੁ ਸੰਤ ਜੀਉ ਮਨਿ ਲਗਾ ਭਾਉ ਜੀਉ॥		Har Maelahu Santh Jeeo Man Lagaa Bhaao Jeeo ||	Unite me with the Lord, Dear Saints; my mind is in love with Him.	ਹੇ ਸੰਤ ਜਨੋ! ਮੇਰੇ ਮਨ ਵਿਚ (ਹਰਿ-ਪ੍ਰਭੂ ਦੇ ਦਰਸਨ ਦੀ) ਤਾਂਘ ਲੱਗ ਰਹੀ ਹੈ, ਮੈਨੂੰ ਹਰਿ-ਪ੍ਰਭੂ ਮਿਲਾ ਦਿਉ।
7294	175	ਗੁਰ ਸਬਦੀ ਪਾਈਐ ਹਰਿ ਪ੍ਰੀਤਮ ਰਾਉ ਜੀਉ॥	(ਰਾਉ) ਰਾਜਾ	Gur Sabadhee Paaeeai Har Preetham Raao Jeeo ||	Through the Word of the Guru's Shabad, I have found the Sovereign Lord, my Beloved.	(ਹੇ ਸੰਤ ਜਨੋ!) ਗੁਰੂ ਦੇ ਸ਼ਬਦ ਦੀ ਰਾਹੀਂ ਹੀ ਹਰਿ-ਪ੍ਰੀਤਮ ਨੂੰ ਮਿਲ ਸਕੀਦਾ ਹੈ।
7295	175	ਵਡਭਾਗੀ ਜਪਿ ਨਾਉ ਜੀਉ॥੩॥		Vaddabhaagee Jap Naao Jeeo ||3||	O very fortunate ones, chant the Name of the Lord. ||3||	ਵੱਡੇ ਭਾਗਾਂ ਨਾਲ ਹਰਿ-ਨਾਮ ਜਪ ਕੇ (ਪ੍ਰਭੂ ਨੂੰ ਮਿਲ ਸਕੀਦਾ ਹੈ।) ॥੩॥
7296	175	ਮੇਰੈ ਮਨਿ ਤਨਿ ਵਡੜੀ ਗੋਵਿੰਦ ਪ੍ਰਭ ਆਸਾ ਜੀਉ॥	ਵੱਡੜੀ	Maerai Man Than Vaddarree Govindh Prabh Aasaa Jeeo ||	Within my mind and body, there is such a great longing for God, the Lord of the Universe.	ਹੇ ਸੰਤ ਜਨੋ! ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਗੋਵਿੰਦ-ਪ੍ਰਭੂ (ਦੇ ਮਿਲਾਪ) ਦੀ ਬੜੀ ਆਸ ਲੱਗੀ ਹੋਈ ਹੈ।
7297	175	ਹਰਿ ਮੇਲਹੁ ਸੰਤ ਜੀਉ ਗੋਵਿਦ ਪ੍ਰਭ ਪਾਸਾ ਜੀਉ॥	(ਪਾਸਾ) ਨੇੜੇ	Har Maelahu Santh Jeeo Govidh Prabh Paasaa Jeeo ||	Unite me with the Lord, Dear Saints. God, the Lord of the Universe, is so close to me.	ਹੇ ਸੰਤ ਜਨੋ! ਮੈਨੂੰ ਓਹ ਗੋਵਿੰਦ-ਪ੍ਰਭੂ ਮਿਲਾ ਦਿਉ ਜੋ ਮੇਰੇ ਅੰਦਰ ਵੱਸਦਾ ਹੈ।

7298	175	ਸਤਿਗੁਰ ਮਤਿ ਨਾਮੁ ਸਦਾ ਪਰਗਾਸਾ ਜੀਉ॥		Sathigur Math Naam Sadhaa Paragaasaa Jeeo ||	Through the Teachings of the True Guru, the Naam is always revealed;	ਗੁਰੂ ਦੀ ਮਤਿ ਤੇ ਤੁਰਿਆਂ ਹੀ ਸਦਾ (ਜੀਵ ਦੇ ਅੰਦਰ) ਹਰਿ ਦੇ ਨਾਮ ਦਾ ਪਰਕਾਸ਼ ਹੁੰਦਾ ਹੈ।
7299	175	ਜਨ ਨਾਨਕ ਪੂਰਿਅੜੀ ਮਨਿ ਆਸਾ ਜੀਉ॥੪॥੫॥੩੧॥੬੯॥		Jan Naanak Pooriarree Man Aasaa Jeeo ||4||5||31||69||	The desires of servant Nanak's mind have been fulfilled. ||4||5||31||69||	ਹੇ ਦਾਸ ਨਾਨਕ! (ਜਿਸ ਨੂੰ ਗੁਰੂ ਦੀ ਮਤਿ ਪ੍ਰਾਪਤ ਹੁੰਦੀ ਹੈ ਉਸ ਦੇ) ਮਨ ਵਿਚ (ਪੈਦਾ ਹੋਈ ਪ੍ਰਭੂ-ਮਿਲਾਪ ਦੀ) ਆਸ ਪੂਰੀ ਹੋ ਜਾਂਦੀ ਹੈ ॥੪॥੫॥੩੧॥੬੯॥
7300	175	ਗਉੜੀ ਮਾਝ ਮਹਲਾ ੪॥		Gourree Maajh Mehalaa 4 ||	Gauree Maajh, Fourth Mehl:	
7301	175	ਮੇਰਾ ਬਿਰਹੀ ਨਾਮੁ ਮਿਲੈ ਤਾ ਜੀਵਾ ਜੀਉ॥	(ਬਿਰਹੀ) ਪਿਆਰਾ। ਤਾਂ ਜੀਵਾਂ	Maeraa Birehee Naam Milai Thaa Jeevaa Jeeo ||	If I receive my Love, the Naam, then I live.	ਮੈਂ ਤਦੋਂ ਹੀ ਆਤਮਕ ਜੀਵਨ ਪ੍ਰਾਪਤ ਕਰ ਸਕਦਾ ਹਾਂ ਜਦੋਂ ਮੈਨੂੰ (ਮੈਥੋਂ) ਵਿੱਛੁੜਿਆ ਹੋਇਆ ਮੇਰਾ ਹਰਿ-ਨਾਮ (ਮਿੱਤਰ) ਮਿਲ ਪਏ।
7302	175	ਮਨ ਅੰਦਰਿ ਅੰਮ੍ਰਿਤੁ ਗੁਰਮਤਿ ਹਰਿ ਲੀਵਾ ਜੀਉ॥	(ਲੀਵਾ) ਲਵਾਂ	Man Andhar Anmrith Guramath Har Leevaa Jeeo ||	In the temple of the mind, is the Ambrosial Nectar of the Lord; through the Guru's Teachings, we drink it in.	ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਮੇਰੇ) ਮਨ ਵਿਚ ਹੀ (ਵੱਸਦਾ ਹੈ, ਪਰ) ਉਹ ਹਰਿ-ਨਾਮ-ਅੰਮ੍ਰਿਤ ਗੁਰੂ ਦੀ ਮਤਿ ਦੀ ਰਾਹੀਂ ਹੀ ਮੈਂ ਲੈ ਸਕਦਾ ਹਾਂ।

7303	175	ਮਨੁ ਹਰਿ ਰੰਗਿ ਰਤੜਾ ਹਰਿ ਰਸੁ ਸਦਾ ਪੀਵਾ ਜੀਉ॥	(ਰੱਤੜਾ) ਰੰਗਿਆ	Man Har Rang Ratharraa Har Ras Sadhaa Peevaa Jeeo ||	My mind is drenched with the Love of the Lord. I continually drink in the sublime essence of the Lord.	(ਜੇ ਮੇਰਾ) ਮਨ (ਗੁਰੂ ਦੀ ਮਿਹਰ ਨਾਲ) ਪਰਮਾਤਮਾ ਦੇ (ਪ੍ਰੇਮ-) ਰੰਗ ਵਿਚ ਰੰਗਿਆ ਜਾਏ, ਤਾਂ ਮੈਂ ਸਦਾ ਹਰਿ-ਨਾਮ ਦਾ ਰਸ ਪੀਂਦਾ ਰਹਾਂ।
7304	175	ਹਰਿ ਪਾਇਅੜਾ ਮਨਿ ਜੀਵਾ ਜੀਉ॥੧॥		Har Paaeiarraa Man Jeevaa Jeeo ||1||	I have found the Lord within my mind, and so I live. ||1||	ਜਦੋਂ (ਗੁਰੂ ਦੀ ਕਿਰਪਾ ਨਾਲ ਮੈਨੂੰ) ਹਰੀ ਮਿਲ ਪਏ ਤਾਂ ਮੈਂ ਆਪਣੇ ਮਨ ਵਿਚ ਜੀਊ ਪੈਂਦਾ ਹਾਂ ॥੧॥
7305	175	ਮੇਰੈ ਮਨਿ ਤਨਿ ਪ੍ਰੇਮੁ ਲਗਾ ਹਰਿ ਬਾਣੁ ਜੀਉ॥	(ਬਾਣੁ) ਤੀਰ	Maerai Man Than Praem Lagaa Har Baan Jeeo ||	The arrow of the Lord's Love has pierced by mind and body.	(ਹੇ ਭਾਈ!) ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਪਰਮਾਤਮਾ ਦਾ ਪ੍ਰੇਮ-ਤੀਰ ਵਿੱਝਾ ਹੋਇਆ ਹੈ।
7306	175	ਮੇਰਾ ਪ੍ਰੀਤਮੁ ਮਿਤ੍ਰੁ ਹਰਿ ਪੁਰਖੁ ਸੁਜਾਣੁ ਜੀਉ॥	(ਪੁਰਖੁ) ਪੂਰਨ ਵਿਆਪਕ ਪ੍ਰਕਾਸ਼ ਸਰੂਪ। (ਸੁਜਾਣੁ) ਸ੍ਰੇਸ਼ਟ ਜਾਣੀਜਾਣ	Maeraa Preetham Mithra Har Purakh Sujaan Jeeo ||	The Lord, the Primal Being, is All-knowing; He is my Beloved and my Best Friend.	(ਮੈਨੂੰ ਯਕੀਨ ਬਣ ਚੁਕਾ ਹੈ ਕਿ) ਸੁਜਾਨ ਹਰੀ ਪੁਰਖ ਹੀ ਮੇਰਾ ਪ੍ਰੀਤਮ ਹੈ ਮੇਰਾ ਮਿੱਤਰ ਹੈ।
7307	175	ਗੁਰੁ ਮੇਲੇ ਸੰਤ ਹਰਿ ਸੁਘੜੁ ਸੁਜਾਣੁ ਜੀਉ॥	(ਸੁਘੜੁ) ਸਿਆਣੇ	Gur Maelae Santh Har Sugharr Sujaan Jeeo ||	The Saintly Guru has united me with the All-knowing and All-seeing Lord.	ਗੁਰੂ ਹੀ ਉਸ ਸੰਤ ਸੁਜਾਨ ਸੁਘੜ ਹਰੀ ਨਾਲ ਮਿਲਾਂਦਾ ਹੈ,
7308	175	ਹਉ ਨਾਮ ਵਿਟਹੁ ਕੁਰਬਾਣੁ ਜੀਉ॥੨॥	(ਵਿਟਹੁ) ਤੋਂ	Ho Naam Vittahu Kurabaan Jeeo ||2||	I am a sacrifice to the Naam, the Name of the Lord. ||2||	ਤੇ ਤਦੋਂ ਮੈਂ ਹਰਿ-ਨਾਮ ਤੋਂ ਸਦਕੇ ਜਾਂਦਾ ਹਾਂ ॥੨॥

7309	175	ਹਉ ਹਰਿ ਹਰਿ ਸਜਣੁ ਹਰਿ ਮੀਤੁ ਦਸਾਈ ਜੀਉ॥	(ਦਸਾਈ) ਪੁੱਛਦਾਂ	Ho Har Har Sajan Har Meeth Dhasaaee Jeeo ||	I seek my Lord, Har, Har, my Intimate, my Best Friend.	ਹੇ ਸੰਤ ਜਨੋ! ਮੈਂ (ਤੁਹਾਥੋਂ) ਹਰਿ-ਸੱਜਣ ਹਰਿ-ਮਿੱਤਰ (ਦਾ ਪਤਾ) ਪੁੱਛਦਾ ਹਾਂ।
7310	175	ਹਰਿ ਦਸਹੁ ਸੰਤਹੁ ਜੀ ਹਰਿ ਖੋਜੁ ਪਵਾਈ ਜੀਉ॥	ਦੱਸਹੁ	Har Dhasahu Santhahu Jee Har Khoj Pavaaee Jeeo ||	Show me the way to the Lord, Dear Saints; I am searching all over for Him.	ਹੇ ਸੰਤ ਜਨੋ! (ਮੈਨੂੰ ਉਸ ਦਾ ਪਤਾ) ਦੱਸੋ, ਮੈਂ ਉਸ ਹਰੀ-ਸੱਜਣ ਦੀ ਭਾਲ ਕਰਦਾ ਫਿਰਦਾ ਹਾਂ।
7311	175	ਸਤਿਗੁਰੁ ਤੁਠੜਾ ਦਸੇ ਹਰਿ ਪਾਈ ਜੀਉ॥	(ਤੁੱਠੜਾ)ਪ੍ਰਸੰਨ ਹੋਏ। ਦੱਸੇ	Sathigur Thutharraa Dhasae Har Paaee Jeeo ||	The Kind and Compassionate True Guru has shown me the Way, and I have found the Lord.	ਹੇ ਸੰਤ ਜਨੋ! ਮੈਂ ਤਦੋਂ ਹੀ ਹਰਿ-ਮਿੱਤਰ ਨੂੰ ਮਿਲ ਸਕਦਾ ਹਾਂ ਜਦੋਂ ਪ੍ਰਸੰਨ ਹੋਇਆ ਸਤਿਗੁਰੂ (ਉਸ ਦਾ ਪਤਾ) ਦੱਸੇ,
7312	175	ਹਰਿ ਨਾਮੇ ਨਾਮਿ ਸਮਾਈ ਜੀਉ॥੩॥		Har Naamae Naam Samaaee Jeeo ||3||	Through the Name of the Lord, I am absorbed in the Naam. ||3||	ਤਦੋਂ ਹੀ ਮੈਂ ਸਦਾ ਉਸ ਹਰੀ ਦੇ ਨਾਮ ਵਿਚ ਲੀਨ ਹੋ ਸਕਦਾ ਹਾਂ ॥੩॥
7313	175	ਮੈ ਵੇਦਨ ਪ੍ਰੇਮੁ ਹਰਿ ਬਿਰਹੁ ਲਗਾਈ ਜੀਉ॥	(ਵੇਦਨ) ਪੀੜਾ। (ਬਿਰਹੁ) ਮਿਲਣ ਦੀ ਸਿੱਕ	Mai Vaedhan Praem Har Birahu Lagaaee Jeeo ||	I am consumed with the pain of separation from the Love of the Lord.	ਹੇ ਸਤਿਗੁਰੂ! ਮੇਰੇ ਅੰਦਰ ਪ੍ਰਭੂ ਤੋਂ ਵਿਛੋੜੇ ਦੀ ਪੀੜ ਉੱਠ ਰਹੀ ਹੈ, ਮੇਰੇ ਅੰਦਰ ਪ੍ਰਭੂ ਦਾ ਪ੍ਰੇਮ ਜਾਗ ਪਿਆ ਹੈ, ਮੇਰੇ ਅੰਦਰ ਹਰੀ ਦੇ ਮਿਲਣ ਦੀ ਸਿੱਕ ਪੈਦਾ ਹੋ ਰਹੀ ਹੈ।
7314	175	ਗੁਰ ਸਰਧਾ ਪੂਰਿ ਅੰਮ੍ਰਿਤੁ ਮੁਖਿ ਪਾਈ ਜੀਉ॥	(ਸਰਧਾ) ਭਰੋਸਾ	Gur Saradhhaa Poor Anmrith Mukh Paaee Jeeo ||	The Guru has fulfilled my desire, and I have received the Ambrosial Nectar in my mouth.	ਹੇ ਗੁਰੂ! ਮੇਰੀ ਸਰਧਾ ਪੂਰੀ ਕਰ (ਤਾ ਕਿ) ਮੈਂ ਉਸ ਦਾ ਨਾਮ-ਅੰਮ੍ਰਿਤ (ਆਪਣੇ) ਮੂੰਹ ਵਿਚ ਪਾਵਾਂ।

7315	175	ਹਰਿ ਹੋਹੁ ਦਇਆਲੁ ਹਰਿ ਨਾਮੁ ਧਿਆਈ ਜੀਉ॥		Har Hohu Dhaeiaal Har Naam Dhhiaaee Jeeo ||	The Lord has become merciful, and now I meditate on the Name of the Lord.	ਹੇ ਹਰੀ! ਮੇਰੇ ਉਤੇ ਦਿਆਲ ਹੋ, ਮੈਂ ਤੇਰਾ ਹਰਿ-ਨਾਮ ਧਿਆਵਾਂ,
7316	175	ਜਨ ਨਾਨਕ ਹਰਿ ਰਸੁ ਪਾਈ ਜੀਉ॥੪॥੬॥੨੦॥ ੧੮॥੩੨॥੭੦॥		Jan Naanak Har Ras Paaee Jeeo ||4||6||20||18||32||70||	Servant Nanak has obtained the sublime essence of the Lord. ||4||6||20||18||32||70||	ਤੇ ਹੇ ਦਾਸ ਨਾਨਕ! (ਆਖ-) ਮੈਂ ਤੇਰਾ ਹਰਿ-ਨਾਮ-ਰਸ ਪ੍ਰਾਪਤ ਕਰਾਂ ॥੪॥੬॥੨੦॥੧੮॥੩੨॥੭੦॥
7317	175	ਮਹਲਾ ੫ ਰਾਗੁ ਗਉੜੀ ਗੁਆਰੇਰੀ ਚਉਪਦੇ		Mehalaa 5 Raag Gourree Guaaraeree Choupadhae	Fifth Mehl, Raag Gauree Gwaarayree, Chau-Padas:	ਰਾਗ ਗਉੜੀ-ਗੁਆਰੇਰੀ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਪਦਿਆਂ ਵਾਲੀ ਬਾਣੀ।
7318	175	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
7319	175	ਕਿਨ ਬਿਧਿ ਕੁਸਲੁ ਹੋਤ ਮੇਰੇ ਭਾਈ॥	(ਬਿਧਿ) ਤਰੀਕੇ। (ਕੁਸਲੁ) ਸੁਖ	Kin Bidhh Kusal Hoth Maerae Bhaaee ||	How can happiness be found, O my Siblings of Destiny?	ਹੇ ਮੇਰੇ ਵੀਰ! (ਮਨੁੱਖ ਦੇ ਅੰਦਰ) ਆਤਮਕ ਆਨੰਦ ਕਿਨ੍ਹਾਂ ਤਰੀਕਿਆਂ ਨਾਲ (ਪੈਦਾ) ਹੋ ਸਕਦਾ ਹੈ?

7320	175	ਕਿਉ ਪਾਈਐ ਹਰਿ ਰਾਮ ਸਹਾਈ॥੧॥ਰਹਾਉ॥	(ਸਹਾਈ) ਸਹਾਇਕ	Kio Paaeeai Har Raam Sehaaee ||1|| Rehaao ||	How can the Lord, our Help and Support, be found? ||1||Pause||	(ਅਸਲ) ਮਿੱਤਰ ਹਰੀ-ਪਰਮਾਤਮਾ ਕਿਵੇਂ ਮਿਲ ਸਕਦਾ ਹੈ? ॥੧॥ ਰਹਾਉ ॥
7321	175	ਕੁਸਲੁ ਨ ਗ੍ਰਿਹਿ ਮੇਰੀ ਸਭ ਮਾਇਆ॥	(ਕੁਸਲੁ)ਸੁਖ। ਗ੍ਰਿਹਿ	Kusal N Grihi Maeree Sabh Maaeiaa ||	There is no happiness in owning one's own home, in all of Maya	ਘਰ (ਦੇ ਮੋਹ) ਵਿਚ ਆਤਮਕ ਸੁਖ ਨਹੀਂ ਹੈ, ਇਹ ਸਮਝਣ ਵਿਚ ਭੀ ਆਤਮਕ ਸੁਖ ਨਹੀਂ ਹੈ ਕਿ ਇਹ ਸਾਰੀ ਮਾਇਆ ਮੇਰੀ ਹੈ।
7322	175	ਊਚੇ ਮੰਦਰ ਸੁੰਦਰ ਛਾਇਆ॥	(ਛਾਇਆ) ਛੱਤਿਆ	Oochae Mandhar Sundhar Shhaaeiaa ||	Or in lofty mansions casting beautiful shadows.	ਉੱਚੇ ਮਹਲ-ਮਾੜੀਆਂ ਤੇ ਸੁੰਦਰ ਬਾਗਾਂ ਦੀ ਛਾਂ ਮਾਣਨ ਵਿਚ ਭੀ ਆਤਮਕ ਆਨੰਦ ਨਹੀਂ।
7323	175	ਝੂਠੇ ਲਾਲਚਿ ਜਨਮੁ ਗਵਾਇਆ॥੧॥		Jhoothae Laalach Janam Gavaaeiaa ||1||	In fraud and greed, this human life is being wasted. ||1||	(ਜਿਸ ਮਨੁੱਖ ਨੇ ਇਹਨਾਂ ਵਿਚ ਆਤਮਕ ਸੁਖ ਸਮਝਿਆ ਹੈ ਉਸ ਨੇ) ਝੂਠੇ ਲਾਲਚ ਵਿਚ (ਆਪਣਾ ਮਨੁੱਖਾ) ਜਨਮ ਗਵਾ ਲਿਆ ਹੈ ॥੧॥
7324	176	ਹਸਤੀ ਘੋੜੇ ਦੇਖਿ ਵਿਗਾਸਾ॥	(ਵਿਗਾਸਾ) ਖੁਸ਼ ਹੁੰਦਾ	Hasathee Ghorrae Dhaekh Vigaasaa ||	He is pleased at the sight of his elephants and horses	ਮਨੁੱਖ ਹਾਥੀ ਘੋੜੇ ਵੇਖ ਕੇ ਖ਼ੁਸ਼ੀ (ਮਹਿਸੂਸ ਕਰਦਾ ਹੈ),
7325	176	ਲਸਕਰ ਜੋੜੇ ਨੇਬ ਖਵਾਸਾ॥	(ਲਸਕਰ) ਫ਼ੌਜ। (ਜੋੜੇ) ਇਕੱਠੇ ਕੀਤੇ। (ਨੇਬ) ਚੋਬਦਾਰ। (ਖਵਾਸਾ) ਚੌਰਬਰਦਾਰ	Lasakar Jorrae Naeb Khavaasaa ||	And his armies assembled, his servants and his soldiers.	ਫ਼ੌਜਾਂ ਇਕੱਠੀਆਂ ਕਰਦਾ ਹੈ, ਮੰਤਰੀ ਤੇ ਸ਼ਾਹੀ ਨੌਕਰ ਰੱਖਦਾ ਹੈ,

7326	176	ਗਲਿ ਜੇਵੜੀ ਹਉਮੈ ਕੇ ਫਾਸਾ॥੨॥	(ਜੇਵੜੀ) ਫਾਹੀ। (ਫਾਸਾ) ਫਸਿਆ	Gal Jaevarree Houmai Kae Faasaa ||2||	But the noose of egotism is tightening around his neck. ||2||	ਪਰ ਉਸ ਦੇ ਗਲ ਵਿਚ ਹਉਮੈ ਦੀ ਰੱਸੀ ਹਉਮੈ ਦੇ ਫਾਹੇ ਹੀ ਪੈਂਦੇ ਹਨ ॥੨॥
7327	176	ਰਾਜੁ ਕਮਾਵੈ ਦਹ ਦਿਸ ਸਾਰੀ॥	(ਦਹ ਦਿਸ) ਦਸੇ ਦਿਸ਼ਾ ਸਾਰੀ ਸ੍ਰਿਸ਼ਟੀ ਦਾ	Raaj Kamaavai Dheh Dhis Saaree ||	His rule may extend in all ten directions;	(ਰਾਜਾ ਬਣ ਕੇ ਮਨੁੱਖ) ਦਸੀਂ ਪਾਸੀਂ ਸਾਰੀ ਧਰਤੀ ਦਾ ਰਾਜ ਕਮਾਂਦਾ ਹੈ,
7328	176	ਮਾਣੈ ਰੰਗ ਭੋਗ ਬਹੁ ਨਾਰੀ॥	(ਰੰਗ) ਮੌਜਾਂ	Maanai Rang Bhog Bahu Naaree ||	He may revel in pleasures, and enjoy many women	ਮੌਜਾਂ ਮਾਣਦਾ ਹੈ, ਇਸਤ੍ਰੀਆਂ ਭੋਗਦਾ ਹੈ।
7329	176	ਜਿਉ ਨਰਪਤਿ ਸੁਪਨੈ ਭੇਖਾਰੀ॥੩॥	(ਨਰਪਤਿ) ਰਾਜਾ	Jio Narapath Supanai Bhaekhaaree ||3||	- but he is just a beggar, who in his dream, is a king. ||3||	(ਪਰ ਇਹ ਸਭ ਕੁਝ ਇਉਂ ਹੀ ਹੈ) ਜਿਵੇਂ ਕੋਈ ਰਾਜਾ ਮੰਗਤਾ ਬਣ ਜਾਂਦਾ ਹੈ (ਤੇ ਦੁਖੀ ਹੁੰਦਾ ਹੈ, ਆਤਮਕ ਸੁਖ ਦੇ ਥਾਂ ਰਾਜ ਵਿਚ ਤੇ ਭੋਗਾਂ ਵਿਚ ਭੀ ਦੁੱਖ ਹੀ ਦੁੱਖ ਹੈ) ॥੩॥
7330	176	ਏਕੁ ਕੁਸਲੁ ਮੋਕਉ ਸਤਿਗੁਰੂ ਬਤਾਇਆ॥	(ਕੁਸਲੁ) ਸੁਖ	Eaek Kusal Mo Ko Sathiguroo Bathaaeiaa ||	The True Guru has shown me that there is only one pleasure.	ਸਤਿਗੁਰੂ ਨੇ ਮੈਨੂੰ ਅਸਲ ਆਤਮਕ ਸੁਖ (ਦਾ ਮੂਲ) ਦੱਸਿਆ ਹੈ (ਉਹ ਹੈ ਪਰਮਾਤਮਾ ਦੀ ਰਜ਼ਾ ਵਿਚ ਰਾਜ਼ੀ ਰਹਿਣਾ)।
7331	176	ਹਰਿ ਜੋ ਕਿਛੁ ਕਰੇ ਸੁ ਹਰਿ ਕਿਆ ਭਗਤਾ ਭਾਇਆ॥		Har Jo Kishh Karae S Har Kiaa Bhagathaa Bhaaeiaa ||	Whatever the Lord does, is pleasing to the Lord's devotee.	ਜੋ ਕੁਝ ਪਰਮਾਤਮਾ ਕਰਦਾ ਹੈ ਉਸ ਦੇ ਭਗਤਾਂ ਨੂੰ ਉਹ ਮਿੱਠਾ ਲੱਗਦਾ ਹੈ (ਤੇ ਉਹ ਇਸ ਤਰ੍ਹਾਂ ਆਤਮਕ ਸੁਖ ਮਾਣਦੇ ਹਨ)।

7332	176	ਜਨ ਨਾਨਕ ਹਉਮੈ ਮਾਰਿ ਸਮਾਇਆ॥੪॥		Jan Naanak Houmai Maar Samaaeiaa ||4||	Servant Nanak has abolished his ego, and he is absorbed in the Lord. ||4||	ਹੇ ਦਾਸ ਨਾਨਕ! ਹਉਮੈ ਮਾਰ ਕੇ (ਵਡ-ਭਾਗੀ ਮਨੁੱਖ ਪਰਮਾਤਮਾ ਵਿਚ ਹੀ) ਲੀਨ ਰਹਿੰਦਾ ਹੈ ॥੪॥
7333	176	ਇਨਿ ਬਿਧਿ ਕੁਸਲ ਹੋਤ ਮੇਰੇ ਭਾਈ॥		Ein Bidhh Kusal Hoth Maerae Bhaaee ||	This is the way to find happiness, O my Siblings of Destiny.	ਹੇ ਮੇਰੇ ਵੀਰ! ਇਸ ਤਰੀਕੇ ਨਾਲ (ਭਾਵ, ਰਜ਼ਾ ਵਿਚ ਰਾਜ਼ੀ ਰਹਿਣ ਨਾਲ) ਆਤਮਕ ਆਨੰਦ ਪੈਦਾ ਹੁੰਦਾ ਹੈ,
7334	176	ਇਉ ਪਾਈਐ ਹਰਿ ਰਾਮ ਸਹਾਈ॥੧॥ਰਹਾਉ ਦੂਜਾ॥	ਲੋਕ ਪ੍ਰਲੋਕ ਦੇ (ਸਹਾਈ) ਸਹਾਇਕ	Eio Paaeeai Har Raam Sehaaee ||1|| Rehaao Dhoojaa ||	This is the way to find the Lord, our Help and Support. ||1||Second Pause||	ਇਸ ਤਰ੍ਹਾਂ (ਹੀ) ਅਸਲ ਮਿੱਤਰ ਹਰੀ-ਪਰਮਾਤਮਾ ਮਿਲਦਾ ਹੈ ॥੧॥ਰਹਾਉ ਦੂਜਾ॥੧॥
7335	176	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7336	176	ਕਿਉ ਭ੍ਰਮੀਐ ਭ੍ਰਮੁ ਕਿਸ ਕਾ ਹੋਈ॥		Kio Bhrameeai Bhram Kis Kaa Hoee ||	Why do you doubt? What do you doubt?	ਤਦੋਂ ਮਨ ਭਟਕਣੋਂ ਹਟ ਜਾਂਦਾ ਹੈ ਕਿਉਂਕਿ ਕਿਸੇ ਮਾਇਕ ਪਦਾਰਥ ਦੀ ਖ਼ਾਤਰ ਭਟਕਣਾ ਰਹਿੰਦੀ ਹੀ ਨਹੀਂ,
7337	176	ਜਾ ਜਲਿ ਥਲਿ ਮਹੀਅਲਿ ਰਵਿਆ ਸੋਈ॥	(ਰਵਿਆ) ਸਮਾਏ ਹੋਏ	Jaa Jal Thhal Meheeal Raviaa Soee ||	God is pervading the water, the land and the sky.	ਜਦੋਂ (ਇਹ ਯਕੀਨ ਬਣ ਜਾਏ ਕਿ) ਉਹ ਪ੍ਰਭੂ ਹੀ ਜਲ ਵਿਚ ਧਰਤੀ ਵਿਚ ਆਕਾਸ਼ ਵਿਚ ਵਿਆਪਕ ਹੈ।

7338	176	ਗੁਰਮੁਖਿ ਉਬਰੇ ਮਨਮੁਖ ਪਤਿ ਖੋਈ॥੧॥	(ਉਬਰੇ) ਬਚੇ। (ਪਤਿ) ਇੱਜ਼ਤ	Guramukh Oubarae Manamukh Path Khoee ||1||	The Gurmukhs are saved, while the self-willed manmukhs lose their honor. ||1||	(ਪਰ ਤ੍ਰਿਸ਼ਨਾ ਦੇ ਪ੍ਰਭਾਵ ਤੋਂ) ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ (ਹੀ) ਬਚਦੇ ਹਨ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਤ੍ਰਿਸ਼ਨਾ ਵਿਚ ਫਸ ਕੇ ਆਪਣੀ) ਇੱਜ਼ਤ ਗਵਾ ਲੈਂਦੇ ਹਨ (ਕਿਉਂਕਿ ਉਹ ਆਤਮਕ ਜੀਵਨ ਦੀ ਪੱਧਰ ਤੋਂ ਨੀਵੇਂ ਹੋ ਜਾਂਦੇ ਹਨ) ॥੧॥
7339	176	ਜਿਸੁ ਰਾਖੈ ਆਪਿ ਰਾਮੁ ਦਇਆਰਾ॥	(ਦਇਆਰਾ) ਦਇਆਲੂ	Jis Raakhai Aap Raam Dhaeiaaraa ||	One who is protected by the Merciful Lord	(ਹੇ ਭਾਈ!) ਜਿਸ ਮਨੁੱਖ ਨੂੰ ਦਇਆਲ ਪ੍ਰਭੂ ਆਪ (ਤ੍ਰਿਸ਼ਨਾ ਤੋਂ) ਬਚਾਂਦਾ ਹੈ,
7340	176	ਤਿਸੁ ਨਹੀ ਦੂਜਾ ਕੋ ਪਹੁਚਨਹਾਰਾ॥੧॥ਰਹਾਉ॥		This Nehee Dhoojaa Ko Pahuchanehaaraa ||1|| Rehaao ||	- no one else can rival him. ||1||Pause||	(ਉਸ ਦਾ ਜੀਵਨ ਇਤਨਾ ਉੱਚਾ ਹੋ ਜਾਂਦਾ ਹੈ ਕਿ) ਕੋਈ ਹੋਰ ਮਨੁੱਖ ਉਸ ਦੀ ਬਰਾਬਰੀ ਨਹੀਂ ਕਰ ਸਕਦਾ ॥੧॥ ਰਹਾਉ ॥
7341	176	ਸਭ ਮਹਿ ਵਰਤੈ ਏਕੁ ਅਨੰਤਾ॥	(ਅਨੰਤਾ) ਬੇਅੰਤ	Sabh Mehi Varathai Eaek Ananthaa ||	The Infinite One is pervading among all.	(ਹੇ ਭਾਈ! ਜਦੋਂ ਤੈਨੂੰ ਇਹ ਨਿਸ਼ਚਾ ਹੋ ਜਾਵੇ ਕਿ) ਇਕ ਬੇਅੰਤ ਪ੍ਰਭੂ ਹੀ ਸਭ ਵਿਚ ਵਿਆਪਕ ਹੈ,
7342	176	ਤਾ ਤੂੰ ਸੁਖਿ ਸਉ ਹੋਇ ਅਚਿੰਤਾ॥	ਸੁਖ ਸਰੂਪ ਬ੍ਰਹਮ ਚ ਲੀਣ ਹੋਣ ਰੂਪ (ਸਉ)ਸੌਣਾ ਕਰ	Thaa Thoon Sukh Soo Hoe Achinthaa ||	So sleep in peace, and don't worry.	ਤੂੰ ਤਦੋਂ ਹੀ ਚਿੰਤਾ-ਰਹਿਤ ਹੋ ਕੇ ਆਤਮਕ ਆਨੰਦ ਵਿਚ ਲੀਨ ਰਹਿ ਸਕਦਾ ਹੈਂ।
7343	176	ਓਹੁ ਸਭੁ ਕਿਛੁ ਜਾਣੈ ਜੋ ਵਰਤੰਤਾ॥੨॥	(ਵਰਤੰਤਾ) ਵਰਤ ਰਿਹਾ	Ouhu Sabh Kishh Jaanai Jo Varathanthaa ||2||	He knows everything which happens. ||2||	ਤੇ, ਜੋ ਕੁਝ ਜਗਤ ਵਿਚ ਵਾਪਰਦਾ ਹੈ ਉਹ ਪਰਮਾਤਮਾ ਸਭ ਕੁਝ ਜਾਣਦਾ ਹੈ ॥੨॥

7344	176	ਮਨਮੁਖ ਮੁਏ ਜਿਨ ਦੂਜੀ ਪਿਆਸਾ॥		Manamukh Mueae Jin Dhoojee Piaasaa ||	The self-willed manmukhs are dying in the thirst of duality.	ਜਿਨ੍ਹਾਂ ਮਨੁੱਖਾਂ ਨੂੰ ਮਾਇਆ ਦੀ ਤ੍ਰਿਸ਼ਨਾ ਚੰਬੜੀ ਰਹਿੰਦੀ ਹੈ, ਉਹ ਆਪਣੇ ਮਨ ਦੇ ਮੁਰੀਦ ਮਨੁੱਖ ਆਤਮਕ ਮੌਤੇ ਮਰੇ ਰਹਿੰਦੇ ਹਨ,
7345	176	ਬਹੁ ਜੋਨੀ ਭਵਹਿ ਧੁਰਿ ਕਿਰਤਿ ਲਿਖਿਆਸਾ॥	(ਭਵਹਿ) ਭਟਕਦੇ। (ਕਿਰਤਿ) ਕੰਮਾਂ ਅਨੁਸਾਰ	Bahu Jonee Bhavehi Dhhur Kirath Likhiaasaa ||	They wander lost through countless incarnations; this is their pre-ordained destiny.	ਕਿਉਂਕਿ ਉਹਨਾਂ ਦੇ ਕੀਤੇ ਕਰਮਾਂ ਅਨੁਸਾਰ ਧੁਰੋਂ ਹੀ ਉਹਨਾਂ ਦੇ ਮੱਥੇ ਉਤੇ ਅਜੇਹਾ ਲੇਖ ਲਿਖਿਆ ਹੁੰਦਾ ਹੈ ਕਿ ਉਹ ਅਨੇਕਾਂ ਜੂਨਾਂ ਵਿਚ ਭਟਕਦੇ ਫਿਰਦੇ ਹਨ।
7346	176	ਜੈਸਾ ਬੀਜਹਿ ਤੈਸਾ ਖਾਸਾ॥੩॥	(ਖਾਸਾ) ਖਾਂਦੇ	Jaisaa Beejehi Thaisaa Khaasaa ||3||	As they plant, so shall they harvest. ||3||	ਉਹ ਜਿਹੋ ਜਿਹਾ (ਕਰਮ-ਬੀਜ) ਬੀਜਦੇ ਹਨ ਉਹੋ ਜਿਹਾ (ਫਲ) ਖਾਂਦੇ ਹਨ ॥੩॥
7347	176	ਦੇਖਿ ਦਰਸੁ ਮਨਿ ਭਇਆ ਵਿਗਾਸਾ॥	(ਵਿਗਾਸਾ) ਖੇੜਾ	Dhaekh Dharas Man Bhaeiaa Vigaasaa ||	Beholding the Blessed Vision of the Lord's Darshan, my mind has blossomed forth.	(ਹਰ ਥਾਂ) ਪਰਮਾਤਮਾ ਦਾ ਦਰਸਨ ਕਰ ਕੇ ਜਿਸ ਮਨੁੱਖ ਦੇ ਮਨ ਵਿਚ ਖਿੜਾਉ ਪੈਦਾ ਹੁੰਦਾ ਹੈ,
7348	176	ਸਭੁ ਨਦਰੀ ਆਇਆ ਬ੍ਰਹਮੁ ਪਰਗਾਸਾ॥	(ਪਰਗਾਸਾ) ਪ੍ਰਕਾਸ਼	Sabh Nadharee Aaeiaa Breham Paragaasaa ||	And now everywhere I look, God is revealed to me.	ਉਸ ਨੂੰ ਹਰ ਥਾਂ ਪਰਮਾਤਮਾ ਹੀ ਪ੍ਰਕਾਸ਼ ਕਰ ਰਿਹਾ ਦਿੱਸਦਾ ਹੈ।
7349	176	ਜਨ ਨਾਨਕ ਕੀ ਹਰਿ ਪੂਰਨ ਆਸਾ॥੪॥੨॥੭੧॥		Jan Naanak Kee Har Pooran Aasaa ||4||2||71||	Servant Nanak's hopes have been fulfilled by the Lord. ||4||2||71||	ਹੇ ਨਾਨਕ! ਉਸ ਦਾਸ ਦੀ ਪਰਮਾਤਮਾ (ਹਰੇਕ) ਆਸ ਪੂਰੀ ਕਰਦਾ ਹੈ ॥੪॥੨॥੭੧॥

7350	176	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7351	176	ਕਈ ਜਨਮ ਭਏ ਕੀਟ ਪਤੰਗਾ॥	(ਕੀਟ) ਕੀੜੇ (ਪਤੰਗਾ) ਭੌਰਾ	Kee Janam Bheae Keett Pathangaa ||	In so many incarnations, you were a worm and an insect;	(ਹੇ ਭਾਈ!) ਤੂੰ ਕਈ ਜਨਮਾਂ ਵਿਚ ਕੀੜੇ ਪਤੰਗੇ ਬਣਦਾ ਰਿਹਾ,
7352	176	ਕਈ ਜਨਮ ਗਜ ਮੀਨ ਕੁਰੰਗਾ॥	ਗਜ:ਪੋਲਾ ਬੋਲੋ। (ਗਜ) ਹਾਥੀ। (ਮੀਨ) ਮੱਛੀਆਂ। (ਕੁਰੰਗਾ) ਹਿਰਨ	Kee Janam Gaj Meen Kurangaa ||	In so many incarnations, you were an elephant, a fish and a deer.	ਕਈ ਜਨਮਾਂ ਵਿਚ ਹਾਥੀ ਮੱਛ ਹਿਰਨ ਬਣਦਾ ਰਿਹਾ।
7353	176	ਕਈ ਜਨਮ ਪੰਖੀ ਸਰਪ ਹੋਇਓ॥	(ਸਰਪ) ਸੱਪ	Kee Janam Pankhee Sarap Hoeiou ||	In so many incarnations, you were a bird and a snake.	ਕਈ ਜਨਮਾਂ ਵਿਚ ਤੂੰ ਪੰਛੀ ਤੇ ਸੱਪ ਬਣਿਆ,
7354	176	ਕਈ ਜਨਮ ਹੈਵਰ ਬ੍ਰਿਖ ਜੋਇਓ॥੧॥	(ਹੈਵਰ) ਸ੍ਰੇਸ਼ਟ ਘੋੜੇ (ਬ੍ਰਿਖ) ਬਲਦ ਦੀਆਂ ਜੂਨਾਂ ਚ (ਜੋਇਓ) ਜੋੜਿਆ ਗਿਆ	Kee Janam Haivar Brikh Joeiou ||1||	In so many incarnations, you were yoked as an ox and a horse. ||1||	ਕਈ ਜਨਮਾਂ ਵਿਚ ਤੂੰ ਘੋੜੇ ਬਲਦ ਬਣ ਕੇ ਜੋਇਆ ਗਿਆ ॥੧॥
7355	176	ਮਿਲੁ ਜਗਦੀਸ ਮਿਲਨ ਕੀ ਬਰੀਆ॥	(ਜੱਗਦੀਸ) ਜਗਤ ਦੇ ਮਾਲਕ ਵਾਹਿਗੁਰੂ ਜੀ। (ਬਰੀਆ) ਵਾਰੀ	Mil Jagadhees Milan Kee Bareeaa ||	Meet the Lord of the Universe - now is the time to meet Him.	(ਹੇ ਭਾਈ!) ਜਗਤ ਦੇ ਮਾਲਕ ਪ੍ਰਭੂ ਨੂੰ (ਹੁਣ) ਮਿਲ, (ਇਹੀ ਮਨੁੱਖਾ ਜਨਮ ਪ੍ਰਭੂ ਨੂੰ) ਮਿਲਣ ਦਾ ਸਮਾ ਹੈ।

7356	176	ਚਿਰੰਕਾਲ ਇਹ ਦੇਹ ਸੰਜਰੀਆ॥੧॥ਰਹਾਉ॥	(ਚਿਰੰਕਾਲ) ਚਿਰ ਪਿੱਛੋਂ। (ਸੰ-ਜਰੀਆ) ਪ੍ਰਾਪਤਿ ਹੋਈ ਹੈ	Chirankaal Eih Dhaeh Sanjareeaa ||1|| Rehaao ||	After so very long, this human body was fashioned for you. ||1||Pause||	ਚਿਰ ਪਿੱਛੋਂ ਤੈਨੂੰ ਇਹ (ਮਨੁੱਖਾ-) ਸਰੀਰ ਮਿਲਿਆ ਹੈ ॥੧॥ ਰਹਾਉ ॥
7357	176	ਕਈ ਜਨਮ ਸੈਲ ਗਿਰਿ ਕਰਿਆ॥	(ਸੈਲ) ਪੱਥਰ। (ਗਿਰਿ) ਪਹਾੜ	Kee Janam Sail Gir Kariaa ||	In so many incarnations, you were rocks and mountains;	(ਹੇ ਭਾਈ!) ਕਈ ਜਨਮਾਂ ਵਿਚ ਤੈਨੂੰ ਪੱਥਰ ਚਿਟਾਨਾਂ ਬਣਾਇਆ ਗਿਆ,
7358	176	ਕਈ ਜਨਮ ਗਰਭ ਹਿਰਿ ਖਰਿਆ॥	(ਹਿਰਿ ਖਰਿਆ)ਡਿੱਗ ਗਿਆ	Kee Janam Garabh Hir Khariaa ||	In so many incarnations, you were aborted in the womb;	ਕਈ ਜਨਮਾਂ ਵਿਚ (ਤੇਰੀ ਮਾਂ ਦਾ) ਗਰਭ ਹੀ ਛਣਦਾ ਰਿਹਾ।
7359	176	ਕਈ ਜਨਮ ਸਾਖ ਕਰਿ ਉਪਾਇਆ॥	(ਸਾਖ) ਬਨਸਪਤੀ। (ਉਪਾਇਆ) ਪੈਦਾ ਹੋਏ	Kee Janam Saakh Kar Oupaaeiaa ||	In so many incarnations, you developed branches and leaves;	ਕਈ ਜਨਮਾਂ ਵਿਚ ਤੈਨੂੰ (ਕਿਸਮ ਕਿਸਮ ਦਾ) ਰੁੱਖ ਬਣਾ ਕੇ ਪੈਦਾ ਕੀਤਾ ਗਿਆ,
7360	176	ਲਖ ਚਉਰਾਸੀਹ ਜੋਨਿ ਭ੍ਰਮਾਇਆ॥੨॥	(ਭ੍ਰਮਾਇਆ) ਭਰਮੇ	Lakh Chouraaseeh Jon Bhramaaeiaa ||2||	You wandered through 8.4 million incarnations. ||2||	ਤੇ (ਇਸ ਤਰ੍ਹਾਂ) ਚੌਰਾਸੀ ਲੱਖ ਜੂਨਾਂ ਵਿਚ ਤੈਨੂੰ ਭਵਾਇਆ ਗਿਆ ॥੨॥
7361	176	ਸਾਧਸੰਗਿ ਭਇਓ ਜਨਮੁ ਪਰਾਪਤਿ॥	ਸਾਧਸੰਗਤ ਕਰਨ ਲਈ ਮਨੁੱਖਾ ਜਨਮੁ ਪਰਾਪਤਿ (ਭਇਓ) ਹੋਇਆ ਹੈ	Saadhhasang Bhaeiou Janam Paraapath ||	Through the Saadh Sangat, the Company of the Holy, you obtained this human life.	(ਹੇ ਭਾਈ! ਹੁਣ ਤੈਨੂੰ) ਮਨੁੱਖਾ ਜਨਮ ਮਿਲਿਆ ਹੈ,

7362	176	ਕਰਿ ਸੇਵਾ ਭਜੁ ਹਰਿ ਹਰਿ ਗੁਰਮਤਿ॥	ਭਜੁ:ਪੋਲਾ ਬੋਲੋ। (ਭਜੁ) ਜਪ	Kar Saevaa Bhaj Har Har Guramath ||	Do seva - selfless service; follow the Guru's Teachings, and vibrate the Lord's Name, Har, Har.	ਸਾਧ ਸੰਗਤਿ ਵਿਚ (ਆ), ਗੁਰੂ ਦੀ ਮਤਿ ਲੈ ਕੇ (ਖ਼ਲਕਤਿ ਦੀ) ਸੇਵਾ ਕਰ ਤੇ ਪਰਮਾਤਮਾ ਦਾ ਭਜਨ ਕਰ।
7363	176	ਤਿਆਗਿ ਮਾਨੁ ਝੂਠੁ ਅਭਿਮਾਨੁ॥		Thiaag Maan Jhooth Abhimaan ||	Abandon pride, falsehood and arrogance.	ਮਾਣ, ਝੂਠ ਤੇ ਅਹੰਕਾਰ ਛੱਡ ਦੇਹ।
7364	176	ਜੀਵਤ ਮਰਹਿ ਦਰਗਹ ਪਰਵਾਨੁ॥੩॥		Jeevath Marehi Dharageh Paravaan ||3||	Remain dead while yet alive, and you shall be welcomed in the Court of the Lord. ||3||	ਤੂੰ (ਪਰਮਾਤਮਾ ਦੀ) ਦਰਗਾਹ ਵਿਚ (ਤਦੋਂ ਹੀ) ਕਬੂਲ ਹੋਵੇਂਗਾ ਜੇ ਤੂੰ ਇਹ ਜੀਵਨ ਜੀਉਂਦਾ ਹੀ ਆਪਾ-ਭਾਵ ਵਲੋਂ ਮਰੇਂਗਾ ॥੩॥
7365	176	ਜੋ ਕਿਛੁ ਹੋਆ ਸੁ ਤੁਝ ਤੇ ਹੋਗੁ॥		Jo Kishh Hoaa S Thujh Thae Hog ||	Whatever has been, and whatever shall be, comes from You, Lord.	(ਹੇ ਪ੍ਰਭੂ! ਤੇਰਾ ਸਿਮਰਨ ਕਰਨ ਦੀ ਜੀਵ ਨੂੰ ਕੀਹ ਸਮਰੱਥਾ ਹੋ ਸਕਦੀ ਹੈ?) ਜੋ ਕੁਝ (ਜਗਤ ਵਿਚ) ਹੁੰਦਾ ਹੈ ਉਹ ਤੇਰੇ (ਹੁਕਮ) ਤੋਂ ਹੀ ਹੁੰਦਾ ਹੈ।
7366	176	ਅਵਰੁ ਨ ਦੂਜਾ ਕਰਣੈ ਜੋਗੁ॥		Avar N Dhoojaa Karanai Jog ||	No one else can do anything at all.	(ਤੈਥੋਂ ਬਿਨਾ) ਹੋਰ ਕੋਈ ਭੀ ਕੁਝ ਕਰਨ ਦੀ ਸਮਰੱਥਾ ਵਾਲਾ ਨਹੀਂ ਹੈ।
7367	176	ਤਾ ਮਿਲੀਐ ਜਾ ਲੈਹਿ ਮਿਲਾਇ॥		Thaa Mileeai Jaa Laihi Milaae ||	We are united with You, when You unite us with Yourself.	ਹੇ ਪ੍ਰਭੂ! ਤੈਨੂੰ ਤਦੋਂ ਹੀ ਮਿਲਿਆ ਜਾ ਸਕਦਾ ਹੈ ਜੇ ਤੂੰ ਆਪ ਜੀਵ ਨੂੰ (ਆਪਣੇ ਚਰਨਾਂ ਵਿਚ) ਮਿਲਾ ਲਏਂ,

7368	176	ਕਹੁ ਨਾਨਕ ਹਰਿ ਹਰਿ ਗੁਣ ਗਾਇ॥੪॥੩॥੭੨॥		Kahu Naanak Har Har Gun Gaae ||4||3||72||	Says Nanak, sing the Glorious Praises of the Lord, Har, Har. ||4||3||72||	ਹੇ ਨਾਨਕ! ਤਦੋਂ ਹੀ ਜੀਵ ਹਰਿ-ਗੁਣ ਗਾ ਸਕਦਾ ਹੈ ॥੪॥੩॥੭੨॥
7369	176	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7370	176	ਕਰਮ ਭੂਮਿ ਮਹਿ ਬੋਅਹੁ ਨਾਮੁ॥	(ਭੂਮਿ) ਭੂਮੀ। (ਬੋਅਹੁ) ਬੀਜੋ	Karam Bhoom Mehi Boahu Naam ||	In the field of karma, plant the seed of the Naam.	(ਹੇ ਭਾਈ!) ਕਰਮ ਬੀਜਣ ਵਾਲੀ ਧਰਤੀ ਵਿਚ (ਮਨੁੱਖਾ ਸਰੀਰ ਵਿਚ) ਪਰਮਾਤਮਾ ਦਾ ਨਾਮ ਬੀਜ,
7371	176	ਪੂਰਨ ਹੋਇ ਤੁਮਾਰਾ ਕਾਮੁ॥		Pooran Hoe Thumaaraa Kaam ||	Your works shall be brought to fruition.	ਇਸ ਤਰ੍ਹਾਂ ਤੇਰਾ (ਮਨੁੱਖਾ ਜੀਵਨ ਦਾ) ਮਨੋਰਥ ਸਿਰੇ ਚੜ੍ਹ ਜਾਇਗਾ।
7372	176	ਫਲ ਪਾਵਹਿ ਮਿਟੈ ਜਮ ਤ੍ਰਾਸ॥	(ਤ੍ਰਾਸ) ਡਰ	Fal Paavehi Mittai Jam Thraas ||	You shall obtain these fruits, and the fear of death shall be dispelled.	(ਹੇ ਭਾਈ!) ਤਾਂ ਇਸ ਦਾ ਇਹ ਫਲ ਹਾਸਲ ਕਰੇਂਗਾ ਕਿ ਤੇਰਾ ਆਤਮਕ ਮੌਤ ਦਾ ਖ਼ਤਰਾ ਮਿਟੇਗਾ,
7373	176	ਨਿਤ ਗਾਵਹਿ ਹਰਿ ਹਰਿ ਗੁਣ ਜਾਸ॥੧॥	(ਜਾਸ) ਜਸ	Nith Gaavehi Har Har Gun Jaas ||1||	Sing continually the Glorious Praises of the Lord, Har, Har. ||1||	ਜੇ ਤੂੰ ਨਿੱਤ ਪਰਮਾਤਮਾ ਦੇ ਗੁਣ ਗਾਵੇਂ, ਜੇ ਨਿੱਤ ਪਰਮਾਤਮਾ ਦਾ ਜਸ ਗਾਵੇਂ ॥੧॥
7374	176	ਹਰਿ ਹਰਿ ਨਾਮੁ ਅੰਤਰਿ ਉਰਿ ਧਾਰਿ॥	(ਉਰਿ) ਹਿਰਦੇ ਚ	Har Har Naam Anthar Our Dhhaar ||	Keep the Name of the Lord, Har, Har, enshrined in your heart,	(ਹੇ ਭਾਈ!) ਆਪਣੇ ਅੰਦਰ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਸੰਭਾਲ ਕੇ ਰੱਖ,

7375	176	ਸੀਘਰ ਕਾਰਜੁ ਲੇਹੁ ਸਵਾਰਿ॥੧॥ਰਹਾਉ॥	(ਸੀਘਰਿ) ਛੇਤੀ	Seeghar Kaaraj Laehu Savaar ||1|| Rehaao ||	And your affairs shall be quickly resolved. ||1||Pause||	ਤੇ (ਇਸ ਤਰ੍ਹਾਂ) ਆਪਣਾ ਮਨੁੱਖਾ ਜੀਵਨ ਦਾ ਮਨੋਰਥ ਸਵਾਰ ਲੈ ॥੧॥ ਰਹਾਉ ॥
7376	176	ਅਪਨੇ ਪ੍ਰਭ ਸਿਉ ਹੋਹੁ ਸਾਵਧਾਨੁ॥	(ਸਾਵਧਾਨੁ) ਇਕਾਗਰ ਚਿੱਤ	Apanae Prabh Sio Hohu Saavadhhaan ||	Be always attentive to your God;	(ਹੇ ਭਾਈ!) ਆਪਣੇ ਪਰਮਾਤਮਾ ਨਾਲ (ਪਰਮਾਤਮਾ ਦੀ ਯਾਦ ਵਿਚ) ਸੁਚੇਤ ਰਹੁ।
7377	176	ਤਾ ਤੂੰ ਦਰਗਹ ਪਾਵਹਿ ਮਾਨੁ॥		Thaa Thoon Dharageh Paavehi Maan ||	Thus you shall be honored in His Court.	(ਜਦੋਂ ਤੂੰ ਇਹ ਉੱਦਮ ਕਰੇਂਗਾ) ਤਦੋਂ ਤੂੰ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ-ਮਾਣ ਪ੍ਰਾਪਤ ਕਰੇਂਗਾ।
7378	177	ਉਕਤਿ ਸਿਆਣਪ ਸਗਲੀ ਤਿਆਗੁ॥		Oukath Siaanap Sagalee Thiaag ||	Give up all your clever tricks and devices,	ਆਪਣੀਆਂ ਦਲੀਲਾਂ ਆਪਣੀਆਂ ਸਿਆਣਪਾਂ ਸਾਰੀਆਂ ਛੱਡ ਦੇਹ,
7379	177	ਸੰਤ ਜਨਾ ਕੀ ਚਰਣੀ ਲਾਗੁ॥੨॥		Santh Janaa Kee Charanee Laag ||2||	And hold tight to the Feet of the Saints. ||2||	ਅਤੇ ਗੁਰਮੁਖਾਂ ਦੀ ਸਰਨ ਪਉ ॥੨॥
7380	177	ਸਰਬ ਜੀਅ ਹਹਿ ਜਾ ਕੈ ਹਾਥਿ॥		Sarab Jeea Hehi Jaa Kai Haathh ||	The One, who holds all creatures in His Hands,	(ਹੇ ਭਾਈ!) ਸਾਰੇ ਜੀਵ ਜੰਤ ਜਿਸ ਪਰਮਾਤਮਾ ਦੇ ਵੱਸ ਵਿਚ (ਹੱਥ ਵਿਚ) ਹਨ,
7381	177	ਕਦੇ ਨ ਵਿਛੁੜੈ ਸਭ ਕੈ ਸਾਥਿ॥		Kadhae N Vishhurrai Sabh Kai Saathh ||	Is never separated from them; He is with them all.	ਜੇਹੜਾ ਪ੍ਰਭੂ ਕਦੇ ਭੀ (ਜੀਵਾਂ ਤੋਂ) ਵੱਖ ਨਹੀਂ ਹੁੰਦਾ, (ਸਦਾ) ਸਭ ਜੀਵਾਂ ਦੇ ਨਾਲ ਰਹਿੰਦਾ ਹੈ,

7382	177	ਉਪਾਵ ਛੋਡਿ ਗਹੁ ਤਿਸ ਕੀ ਓਟ॥	(ਓਟ) ਆਸਰਾ (ਗਹੁ) ਲਵੋ	Oupaav Shhodd Gahu This Kee Outt ||	Abandon your clever devices, and grasp hold of His Support.	ਆਪਣੇ ਹੀਲੇ-ਜਤਨ ਛੱਡ ਕੇ ਉਸ ਪਰਮਾਤਮਾ ਦਾ ਆਸਰਾ-ਪਰਨਾ ਫੜ,
7383	177	ਨਿਮਖ ਮਾਹਿ ਹੋਵੈ ਤੇਰੀ ਛੋਟਿ॥੩॥	(ਨਿਮਖ) ਅੱਖ ਝਮਕਣ ਜਿੰਨਾ ਸਮਾਂ। (ਛੋਟਿ) ਛੁਟਕਾਰਾ	Nimakh Maahi Hovai Thaeree Shhott ||3||	In an instant, you shall be saved. ||3||	ਅੱਖ ਦੇ ਇਕ ਫੋਰ ਵਿਚ (ਮਾਇਆ ਦੇ ਮੋਹ ਦੇ ਬੰਧਨਾਂ ਤੋਂ) ਤੇਰੀ ਖ਼ਲਾਸੀ ਹੋ ਜਾਇਗੀ ॥੩॥
7384	177	ਸਦਾ ਨਿਕਟਿ ਕਰਿ ਤਿਸਨੋ ਜਾਣੁ॥		Sadhaa Nikatt Kar This No Jaan ||	Know that He is always near at hand.	ਉਸ ਪਰਮਾਤਮਾ ਨੂੰ ਸਦਾ ਆਪਣੇ ਨੇੜੇ ਵੱਸਦਾ ਸਮਝ।
7385	177	ਪ੍ਰਭ ਕੀ ਆਗਿਆ ਸਤਿ ਕਰਿ ਮਾਨੁ॥		Prabh Kee Aagiaa Sath Kar Maan ||	Accept the Order of God as True.	ਇਹ ਨਿਸ਼ਚਾ ਕਰ ਕੇ ਮੰਨ ਕਿ ਪਰਮਾਤਮਾ ਦੀ ਰਜ਼ਾ ਅਟੱਲ ਹੈ।
7386	177	ਗੁਰ ਕੈ ਬਚਨਿ ਮਿਟਾਵਹੁ ਆਪੁ॥	(ਆਪੁ) ਹੰਕਾਰ	Gur Kai Bachan Mittaavahu Aap ||	Servant Nanak has abolished his ego, and he is absorbed in the Lord. ||4||	ਗੁਰੂ ਦੇ ਬਚਨ ਵਿਚ (ਜੁੜ ਕੇ ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ।
7387	177	ਹਰਿ ਹਰਿ ਨਾਮੁ ਨਾਨਕ ਜਪਿ ਜਾਪੁ॥੪॥੪॥੭੩॥		Har Har Naam Naanak Jap Jaap ||4||4||73||	O Nanak, chant and meditate on the Naam, the Name of the Lord, Har, Har. ||4||4||73||	ਹੇ ਨਾਨਕ! ਸਦਾ ਪਰਮਾਤਮਾ ਦਾ ਨਾਮ ਜਪ, ਸਦਾ ਪ੍ਰਭੂ (ਦੇ ਗੁਣਾਂ) ਦਾ ਜਾਪ ਜਪ ॥੪॥੪॥੭੩॥
7388	177	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	

7389	177	ਗੁਰ ਕਾ ਬਚਨੁ ਸਦਾ ਅਬਿਨਾਸੀ॥		Gur Kaa Bachan Sadhaa Abinaasee ||	The Guru's Word is eternal and everlasting.	ਗੁਰੂ ਦਾ ਉਪਦੇਸ਼ ਸਦਾ ਆਤਮਕ ਜੀਵਨ ਦੇ ਕੰਮ ਆਉਣ ਵਾਲਾ ਹੈ। ਇਹ ਉਪਦੇਸ਼ ਕਦੇ ਛਿੱਜਣ ਵਾਲਾ (ਪੁਰਾਣਾ ਹੋਣ ਵਾਲਾ) ਨਹੀਂ।
7390	177	ਗੁਰ ਕੈ ਬਚਨਿ ਕਟੀ ਜਮ ਫਾਸੀ॥	ਕੱਟੀ	Gur Kai Bachan Kattee Jam Faasee ||	Why do you doubt? What do you doubt?	ਗੁਰੂ ਦੇ ਬਚਨ ਦੀ ਰਾਹੀਂ ਆਤਮਕ ਮੌਤ ਲਿਆਉਣ ਵਾਲੀ ਮੋਹ ਦੀ ਫਾਹੀ ਕੱਟੀ ਜਾਂਦੀ ਹੈ।
7391	177	ਗੁਰ ਕਾ ਬਚਨੁ ਜੀਅ ਕੈ ਸੰਗਿ॥		Gur Kaa Bachan Jeea Kai Sang ||	God is pervading the water, the land and the sky.	ਗੁਰੂ ਦਾ ਉਪਦੇਸ਼ ਸਦਾ ਜਿੰਦ ਦੇ ਨਾਲ (ਨਿਭਣ ਵਾਲਾ) ਹੈ।
7392	177	ਗੁਰ ਕੈ ਬਚਨਿ ਰਚੈ ਰਾਮ ਕੈ ਰੰਗਿ॥੧॥	(ਰਚੈ) ਲੀਨ ਹੋਏ	Gur Kai Bachan Rachai Raam Kai Rang ||1||	The Gurmukhs are saved, while the self-willed manmukhs lose their honor. ||1||	ਗੁਰੂ ਦੇ ਉਪਦੇਸ਼ ਦੀ ਰਾਹੀਂ ਮਨੁੱਖ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਜੁੜਿਆ ਰਹਿੰਦਾ ਹੈ ॥੧॥
7393	177	ਜੋ ਗੁਰਿ ਦੀਆ ਸੁ ਮਨ ਕੈ ਕਾਮਿ॥	(ਕਾਮਿ) ਕੰਮ ਆਵੇਗਾ	Jo Gur Dheeaa S Man Kai Kaam ||	Whatever the Guru gives, is useful to the mind.	(ਹੇ ਭਾਈ!) ਜੋ (ਉਪਦੇਸ਼) ਗੁਰੂ ਨੇ ਦਿੱਤਾ ਹੈ, ਉਹ (ਹਰੇਕ ਮਨੁੱਖ ਦੇ) ਮਨ ਦੇ ਕੰਮ ਆਉਂਦਾ ਹੈ।
7394	177	ਸੰਤ ਕਾ ਕੀਆ ਸਤਿ ਕਰਿ ਮਾਨਿ॥੧॥ਰਹਾਉ॥		Santh Kaa Keeaa Sath Kar Maan ||1|| Rehaao ||	Whatever the Saint does - accept that as True. ||1||Pause||	(ਇਸ ਵਾਸਤੇ, ਹੇ ਭਾਈ!) ਗੁਰੂ ਦੇ ਕੀਤੇ ਹੋਏ (ਇਸ ਉਪਕਾਰ ਨੂੰ) ਸਦਾ ਨਾਲ ਨਿਭਣ ਵਾਲਾ ਸਮਝ ॥੧॥ ਰਹਾਉ ॥

7395	177	ਗੁਰ ਕਾ ਬਚਨੁ ਅਟਲ ਅਛੇਦ॥	(ਅ-ਟਲ) ਸਦਾ ਕਾਇਮ। (ਅਛੇਦ) ਟੁੱਟਣ ਰਹਿਤ	Gur Kaa Bachan Attal Ashhaedh ||	The Infinite One is pervading among all.	ਗੁਰੂ ਦਾ ਉਪਦੇਸ਼ ਸਦਾ ਮਨੁੱਖ ਦੇ ਆਤਮਕ ਜੀਵਨ ਦੇ ਕੰਮ ਆਉਣ ਵਾਲਾ ਹੈ, ਇਹ ਉਪਦੇਸ਼ ਕਦੇ ਛਿੱਜਣ ਵਾਲਾ (ਪੁਰਾਣਾ ਹੋਣ ਵਾਲਾ) ਨਹੀਂ।
7396	177	ਗੁਰ ਕੈ ਬਚਨਿ ਕਟੇ ਭ੍ਰਮ ਭੇਦ॥	(ਭ੍ਰਮ) ਭਰਮ ਭੁਲੇਖੇ। (ਭੇਦ) ਵਿਤਕਰੇ	Gur Kai Bachan Kattae Bhram Bhaedh ||	Through the Guru's Word, doubt and prejudice are dispelled.	ਗੁਰੂ ਦੇ ਉਪਦੇਸ਼ ਦੀ ਰਾਹੀਂ ਮਨੁੱਖ ਦੀ ਭਟਕਣਾ ਮਨੁੱਖ ਦੇ ਵਿਤਕਰੇ ਕੱਟੇ ਜਾਂਦੇ ਹਨ।
7397	177	ਗੁਰ ਕਾ ਬਚਨੁ ਕਤਹੁ ਨ ਜਾਇ॥		Gur Kaa Bachan Kathahu N Jaae ||	He knows everything which happens. ||2||	ਗੁਰੂ ਦਾ ਉਪਦੇਸ਼ ਕਦੇ ਵਿਅਰਥ ਨਹੀਂ ਜਾਂਦਾ।
7398	177	ਗੁਰ ਕੈ ਬਚਨਿ ਹਰਿ ਕੇ ਗੁਣ ਗਾਇ॥੨॥		Gur Kai Bachan Har Kae Gun Gaae ||2||	The self-willed manmukhs are dying in the thirst of duality.	ਗੁਰੂ ਦੇ ਉਪਦੇਸ਼ (ਦੀ ਬਰਕਤਿ) ਨਾਲ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ (ਰਹਿੰਦਾ) ਹੈ ॥੨॥
7399	177	ਗੁਰ ਕਾ ਬਚਨੁ ਜੀਅ ਕੈ ਸਾਥ॥		Gur Kaa Bachan Jeea Kai Saathh ||	They wander lost through countless incarnations; this is their pre-ordained destiny.	ਗੁਰੂ ਦਾ ਉਪਦੇਸ਼ ਜਿੰਦ ਦੇ ਨਾਲ ਨਿਭਦਾ ਹੈ।
7400	177	ਗੁਰ ਕਾ ਬਚਨੁ ਅਨਾਥ ਕੋ ਨਾਥ॥		Gur Kaa Bachan Anaathh Ko Naathh ||	As they plant, so shall they harvest. ||3||	ਗੁਰੂ ਦਾ ਉਪਦੇਸ਼ ਨਿਆਸਰੀਆਂ ਜਿੰਦਾਂ ਦਾ ਸਹਾਰਾ ਬਣਦਾ ਹੈ।
7401	177	ਗੁਰ ਕੈ ਬਚਨਿ ਨਰਕਿ ਨ ਪਵੈ॥		Gur Kai Bachan Narak N Pavai ||	The Guru's Word saves one from falling into hell.	ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਮਨੁੱਖ ਨਰਕ ਵਿਚ ਨਹੀਂ ਪੈਂਦਾ,

7402	177	ਗੁਰ ਕੈ ਬਚਨਿ ਰਸਨਾ ਅੰਮ੍ਰਿਤੁ ਰਵੈ॥੩॥	(ਰਵੈ) ਮਾਣਦੀ	Gur Kai Bachan Rasanaa Anmrith Ravai ||3||	And now everywhere I look, God is revealed to me.	ਤੇ, ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਮਨੁੱਖ ਆਪਣੀ ਜੀਭ ਨਾਲ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਮਾਣਦਾ ਹੈ ॥੩॥
7403	177	ਗੁਰ ਕਾ ਬਚਨੁ ਪਰਗਟੁ ਸੰਸਾਰਿ॥		Gur Kaa Bachan Paragatt Sansaar ||	The Guru's Word is revealed in the world.	ਗੁਰੂ ਦਾ ਉਪਦੇਸ਼ ਮਨੁੱਖ ਨੂੰ ਸੰਸਾਰ ਵਿਚ ਪਰਸਿੱਧ ਕਰ ਦੇਂਦਾ ਹੈ।
7404	177	ਗੁਰ ਕੈ ਬਚਨਿ ਨ ਆਵੈ ਹਾਰਿ॥		Gur Kai Bachan N Aavai Haar ||	Through the Guru's Word, no one suffers defeat.	ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਮਨੁੱਖ ਜੀਵਨ-ਬਾਜ਼ੀ ਹਾਰ ਕੇ ਨਹੀਂ ਆਉਂਦਾ।
7405	177	ਜਿਸੁ ਜਨ ਹੋਏ ਆਪਿ ਕ੍ਰਿਪਾਲ॥		Jis Jan Hoeae Aap Kirapaal ||	O Nanak, the True Guru is always kind and compassionate,	ਜਿਸ ਮਨੁੱਖ ਉਤੇ ਪਰਮਾਤਮਾ ਆਪ ਮਿਹਰਬਾਨ ਹੁੰਦਾ ਹੈ,
7406	177	ਨਾਨਕ ਸਤਿਗੁਰ ਸਦਾ ਦਇਆਲ॥੪॥੫॥੭੪॥		Naanak Sathigur Sadhaa Dhaeiaal ||4||5||74||	Unto those whom the Lord Himself has blessed with His Mercy. ||4||5||74||	ਹੇ ਨਾਨਕ! ਉਸ ਉਤੇ ਸਤਿਗੁਰੂ ਸਦਾ ਦਇਆ-ਦ੍ਰਿਸ਼ਟੀ ਕਰਦਾ ਰਹਿੰਦਾ ਹੈ ॥੪॥੫॥੭੪॥
7407	177	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7408	177	ਜਿਨਿ ਕੀਤਾ ਮਾਟੀ ਤੇ ਰਤਨੁ॥		Jin Keethaa Maattee Thae Rathan ||	He makes jewels out of the dust,	(ਹੇ ਭਾਈ!) ਜਿਸ (ਪ੍ਰਭੂ) ਨੇ ਮਿੱਟੀ ਤੋਂ (ਮੇਰਾ) ਅਮੋਲਕ ਮਨੁੱਖਾ ਸਰੀਰ ਬਣਾ ਦਿੱਤਾ ਹੈ,

7409	177	ਗਰਭ ਮਹਿ ਰਾਖਿਆ ਜਿਨਿ ਕਰਿ ਜਤਨੁ॥	(ਜਤਨੁ) ਉਪਾਅ	Garabh Mehi Raakhiaa Jin Kar Jathan ||	And He managed to preserve you in the womb.	ਜਿਸ ਨੇ ਜਤਨ ਕਰ ਕੇ ਮਾਂ ਦੇ ਪੇਟ ਵਿਚ ਮੇਰੀ ਰੱਖਿਆ ਕੀਤੀ ਹੈ,
7410	177	ਜਿਨਿ ਦੀਨੀ ਸੋਭਾ ਵਡਿਆਈ॥	(ਦੀਨੀ) ਦਿੱਤੀ	Jin Dheenee Sobhaa Vaddiaaee ||	He has given you fame and greatness;	ਜਿਸ ਨੇ ਮੈਨੂੰ ਸੋਭਾ ਦਿੱਤੀ ਹੈ ਵਡਿਆਈ ਬਖ਼ਸ਼ੀ ਹੈ,
7411	177	ਤਿਸੁ ਪ੍ਰਭ ਕਉ ਆਠ ਪਹਰ ਧਿਆਈ॥੧॥		This Prabh Ko Aath Pehar Dhhiaaee ||1||	Meditate on that God, twenty-four hours a day. ||1||	ਉਸ ਪ੍ਰਭੂ ਨੂੰ ਮੈਂ (ਉਸ ਦੀ ਮਿਹਰ ਨਾਲ) ਅੱਠੇ ਪਹਰ ਸਿਮਰਦਾ ਹਾਂ ॥੧॥
7412	177	ਰਮਈਆ ਰੇਨੁ ਸਾਧ ਜਨ ਪਾਵਉ॥	ਖੰਡ ਬ੍ਰਹਮੰਡ ਚ (ਰ-ਮਈਆ) ਰਮੇ ਹੋਏ ਵਿਆਪਕ ਬ੍ਰਹਮ ਜੀ	Rameeaa Raen Saadhh Jan Paavo ||	O Lord, I seek the dust of the feet of the Holy.	ਹੇ ਸੋਹਣੇ ਰਾਮ! (ਕਿਰਪਾ ਕਰ) ਮੈਂ ਗੁਰਮੁਖਾਂ ਦੇ ਚਰਨਾਂ ਦੀ ਧੂੜ ਪ੍ਰਾਪਤ ਕਰ ਲਵਾਂ,
7413	177	ਗੁਰ ਮਿਲਿ ਅਪੁਨਾ ਖਸਮੁ ਧਿਆਵਉ॥੧॥ਰਹਾਉ॥		Gur Mil Apunaa Khasam Dhhiaavo ||1|| Rehaao ||	Meeting the Guru, I meditate on my Lord and Master. ||1||Pause||	ਤੇ ਗੁਰੂ ਨੂੰ ਮਿਲ ਕੇ (ਤੈਨੂੰ) ਆਪਣੇ ਖਸਮ ਨੂੰ ਸਿਮਰਦਾ ਰਹਾਂ ॥੧॥ ਰਹਾਉ ॥
7414	177	ਜਿਨਿ ਕੀਤਾ ਮੂੜ ਤੇ ਬਕਤਾ॥	(ਮੂੜ) ਮੂਰਖ ਤੋਂ ਸੁੰਦਰ ਗੁਰਬਾਣੀ ਜੀ (ਬਕਤਾ) ਬੋਲਣ ਵਾਲਾ	Jin Keethaa Moorr Thae Bakathaa ||	He transformed me, the fool, into a fine speaker,	(ਹੇ ਭਾਈ!) ਜਿਸ (ਪ੍ਰਭੂ) ਨੇ (ਮੈਨੂੰ) ਮੂਰਖ-ਅੰਞਾਣ ਤੋਂ ਸੁੰਦਰ ਬੋਲ ਬੋਲਣ ਵਾਲਾ ਬਣਾ ਦਿੱਤਾ ਹੈ,

7415	177	ਜਿਨਿ ਕੀਤਾ ਬੇਸੁਰਤ ਤੇ ਸੁਰਤਾ॥	(ਬੇ-ਸੁਰਤ) ਬੇਸਮਝ। ਵਾਹਿਗੁਰੂ ਜੀ ਚ ਲੀਨ (ਸੁਰਤਾ) ਸੁਰਤ ਵਾਲਾ	Jin Keethaa Baesurath Thae Surathaa ||	And He made the unconscious become conscious;	ਜਿਸ ਨੇ (ਮੈਨੂੰ) ਬੇਸਮਝ ਤੋਂ ਸਮਝਦਾਰ ਬਣਾ ਦਿੱਤਾ ਹੈ,
7416	177	ਜਿਸੁ ਪਰਸਾਦਿ ਨਵੈ ਨਿਧਿ ਪਾਈ॥	ਨਾਮ ਦੀ ਅਤੋਟਤਾ ਅਜਪਾ ਜਾਪ ਰੂਪੀ (ਨਵੈ) ਨੌਂ (ਨਿਧਿ) ਨਿਧੀਆਂ	Jis Parasaadh Navai Nidhh Paaee ||	By His Grace, I have obtained the nine treasures.	ਜਿਸ (ਪ੍ਰਭੂ) ਦੀ ਕਿਰਪਾ ਨਾਲ ਮੈਂ (ਧਰਤੀ ਦੇ ਸਾਰੇ) ਨੌ ਹੀ ਖ਼ਜ਼ਾਨੇ ਹਾਸਲ ਕਰ ਰਿਹਾ ਹਾਂ,
7417	177	ਸੋ ਪ੍ਰਭੁ ਮਨ ਤੇ ਬਿਸਰਤ ਨਾਹੀ॥੨॥		So Prabh Man Thae Bisarath Naahee ||2||	May I never forget that God from my mind. ||2||	ਉਹ ਪ੍ਰਭੂ ਮੇਰੇ ਮਨ ਤੋਂ ਭੁੱਲਦਾ ਨਹੀਂ ਹੈ ॥੨॥
7418	177	ਜਿਨਿ ਦੀਆ ਨਿਥਾਵੇ ਕਉ ਥਾਨੁ॥		Jin Dheeaa Nithhaavae Ko Thhaan ||	He has given a home to the homeless;	(ਹੇ ਭਾਈ!) ਜਿਸ (ਕਰਤਾਰ) ਨੇ (ਮੈਨੂੰ) ਨਿਥਾਵੇਂ ਨੂੰ ਥਾਂ ਦਿੱਤਾ ਹੈ,
7419	177	ਜਿਨਿ ਦੀਆ ਨਿਮਾਨੇ ਕਉ ਮਾਨੁ॥		Jin Dheeaa Nimaanae Ko Maan ||	He has given honor to the dishonored.	ਜਿਸ ਨੇ (ਮੈਨੂੰ) ਨਿਮਾਣੇ ਨੂੰ ਮਾਣ-ਆਦਰ ਬਖ਼ਸ਼ਿਆ ਹੈ,
7420	177	ਜਿਨਿ ਕੀਨੀ ਸਭ ਪੂਰਨ ਆਸਾ॥		Jin Keenee Sabh Pooran Aasaa ||	He has fulfilled all desires;	ਜਿਸ (ਕਰਤਾਰ) ਨੇ ਮੇਰੀ ਹਰੇਕ ਆਸ (ਹੁਣ ਤਕ) ਪੂਰੀ ਕੀਤੀ ਹੈ,
7421	177	ਸਿਮਰਉ ਦਿਨੁ ਰੈਨਿ ਸਾਸ ਗਿਰਾਸਾ॥੩॥		Simaro Dhin Rain Saas Giraasaa ||3||	Remember Him in meditation, day and night, with every breath and every morsel of food. ||3||	ਉਸ ਨੂੰ ਮੈਂ ਦਿਨ ਰਾਤ ਹਰੇਕ ਸਾਹ ਨਾਲ ਹਰੇਕ ਗਿਰਾਹੀ ਨਾਲ ਸਿਮਰਦਾ ਰਹਿੰਦਾ ਹਾਂ ॥੩॥

7422	177	ਜਿਸੁ ਪ੍ਰਸਾਦਿ ਮਾਇਆ ਸਿਲਕ ਕਾਟੀ॥	(ਸਿਲਕ) ਫਾਹੀ	Jis Prasaadh Maaeiaa Silak Kaattee ||	By His Grace, the bonds of Maya are cut away.	ਜਿਸ (ਪ੍ਰਭੂ) ਦੀ ਕਿਰਪਾ ਨਾਲ (ਮੇਰੇ ਗਲੋਂ) ਮਾਇਆ (ਦੇ ਮੋਹ) ਦੀ ਫਾਹੀ ਕੱਟੀ ਗਈ ਹੈ,
7423	177	ਗੁਰ ਪ੍ਰਸਾਦਿ ਅੰਮ੍ਰਿਤੁ ਬਿਖੁ ਖਾਟੀ॥	(ਖਾਟੀ) ਕੌੜੀ (ਬਿਖੁ) ਜ਼ਹਰ	Gur Prasaadh Anmrith Bikh Khaattee ||	Says Nanak, sing the Glorious Praises of the Lord, Har, Har. ||4||3||72||	(ਜਿਸ ਦੇ ਭੇਜੇ) ਗੁਰੂ ਦੀ ਕਿਰਪਾ ਨਾਲ (ਮੈਨੂੰ) ਅੰਮ੍ਰਿਤ (ਵਰਗੀ ਮਿੱਠੀ ਲੱਗਣ ਵਾਲੀ ਮਾਇਆ ਹੁਣ) ਕੌੜੀ ਜ਼ਹਰ ਭਾਸ ਰਹੀ ਹੈ।
7424	177	ਕਹੁ ਨਾਨਕ ਇਸ ਤੇ ਕਿਛੁ ਨਾਹੀ॥		Kahu Naanak Eis Thae Kishh Naahee ||	Says Nanak, I cannot do anything;	ਨਾਨਕ ਆਖਦਾ ਹੈ- (ਹੇ ਭਾਈ!) ਇਸ ਜੀਵ ਦੇ ਵੱਸ ਕੁਝ ਨਹੀਂ ਕਿ (ਕਿ ਆਪਣੇ ਉੱਦਮ ਨਾਲ ਪ੍ਰਭੂ ਦੀ ਸਿਫ਼ਤ-ਸਾਲਾਹ ਕਰ ਸਕੇ)।
7425	177	ਰਾਖਨਹਾਰੇ ਕਉ ਸਾਲਾਹੀ॥੪॥੬॥੭੫॥		Raakhanehaarae Ko Saalaahee ||4||6||75||	I praise the Lord, the Protector. ||4||6||75||	ਮੈਂ ਉਸ ਰੱਖਣਹਾਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹਾਂ ॥੪॥੬॥੭੫॥
7426	177	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7427	177	ਤਿਸ ਕੀ ਸਰਣਿ ਨਾਹੀ ਭਉ ਸੋਗੁ॥	(ਸੋਗੁ) ਗਮ	This Kee Saran Naahee Bho Sog ||	In His Sanctuary, there is no fear or sorrow.	(ਹੇ ਭਾਈ!) ਉਸ ਰਾਮ ਦੀ ਸਰਨ ਪਿਆਂ ਕੋਈ ਡਰ ਨਹੀਂ ਪੋਹ ਸਕਦਾ, ਕੋਈ ਚਿੰਤਾ ਨਹੀਂ ਵਿਆਪ ਸਕਦੀ।

7428	177	ਉਸ ਤੇ ਬਾਹਰਿ ਕਛੂ ਨ ਹੋਗੁ॥		Ous Thae Baahar Kashhoo N Hog ||	Without Him, nothing at all can be done.	(ਕਿਉਂਕਿ ਕੋਈ ਡਰ ਕੋਈ ਚਿੰਤਾ) ਕੁਝ ਭੀ ਉਸ ਰਾਮ ਤੋਂ ਆਕੀ ਨਹੀਂ ਹੋ ਸਕਦਾ (ਤੇ ਆਪ ਕਿਸੇ ਜੀਵ ਨੂੰ ਦੁੱਖ ਨਹੀਂ ਦੇ ਸਕਦਾ)।
7429	177	ਤਜੀ ਸਿਆਣਪ ਬਲ ਬੁਧਿ ਬਿਕਾਰ॥		Thajee Siaanap Bal Budhh Bikaar ||	I have renounced clever tricks, power and intellectual corruption.	(ਇਸ ਵਾਸਤੇ ਹੇ ਭਾਈ!) ਮੈਂ ਆਪਣੀ ਅਕਲ ਦਾ ਆਸਰਾ ਰੱਖਣ ਦੀ ਬੁਰਾਈ ਛੱਡ ਦਿੱਤੀ ਹੈ,
7430	177	ਦਾਸ ਅਪਨੇ ਕੀ ਰਾਖਨਹਾਰ॥੧॥		Dhaas Apanae Kee Raakhanehaar ||1||	God is the Protector of His servant. ||1||	(ਤੇ ਉਸ ਰਾਮ ਦਾ ਦਾਸ ਬਣ ਗਿਆ ਹਾਂ, ਉਹ ਰਾਮ) ਆਪਣੇ ਦਾਸ ਦੀ ਇੱਜ਼ਤ ਰੱਖਣ ਦੇ ਸਮਰੱਥ ਹੈ ॥੧॥
7431	177	ਜਪਿ ਮਨ ਮੇਰੇ ਰਾਮ ਰਾਮ ਰੰਗਿ॥		Jap Man Maerae Raam Raam Rang ||	Meditate, O my mind, on the Lord, Raam, Raam, with love.	ਹੇ ਮੇਰੇ ਮਨ! ਪ੍ਰੇਮ ਨਾਲ ਰਾਮ ਦਾ ਨਾਮ ਜਪ।
7432	177	ਘਰਿ ਬਾਹਰਿ ਤੇਰੈ ਸਦ ਸੰਗਿ॥੧॥ਰਹਾਉ॥		Ghar Baahar Thaerai Sadh Sang ||1|| Rehaao ||	Within your home, and beyond it, He is always with you. ||1||Pause||	ਉਹ ਨਾਮ ਤੇਰੇ ਘਰ ਵਿਚ (ਹਿਰਦੇ ਵਿਚ) ਤੇ ਬਾਹਰ ਹਰ ਥਾਂ ਸਦਾ ਤੇਰੇ ਨਾਲ ਰਹਿੰਦਾ ਹੈ ॥੧॥ ਰਹਾਉ ॥
7433	177	ਤਿਸ ਕੀ ਟੇਕ ਮਨੈ ਮਹਿ ਰਾਖੁ॥		This Kee Ttaek Manai Mehi Raakh ||	Keep His Support in your mind.	(ਹੇ ਭਾਈ!) ਆਪਣੇ ਮਨ ਵਿਚ ਉਸ ਪਰਮਾਤਮਾ ਦਾ ਆਸਰਾ ਰੱਖ,
7434	178	ਗੁਰ ਕਾ ਸਬਦੁ ਅੰਮ੍ਰਿਤ ਰਸੁ ਚਾਖੁ॥		Gur Kaa Sabadh Anmrith Ras Chaakh ||	And hold tight to the Feet of the Saints. ||2||	(ਹੇ ਭਾਈ!) ਗੁਰੂ ਦੇ ਸ਼ਬਦ ਦਾ ਆਨੰਦ ਮਾਣ (ਗੁਰੂ ਦਾ ਸ਼ਬਦ) ਆਤਮਕ ਜੀਵਨ ਦੇਣ ਵਾਲਾ ਰਸ ਹੈ।

7435	178	ਅਵਰਿ ਜਤਨ ਕਹਹੁ ਕਉਨ ਕਾਜ॥		Avar Jathan Kehahu Koun Kaaj ||	Of what use are other efforts?	(ਹੇ ਭਾਈ!) ਦੱਸ (ਪਰਮਾਤਮਾ ਨੂੰ ਭੁਲਾ ਕੇ) ਹੋਰ ਹੋਰ ਉੱਦਮ ਕਿਸ ਕੰਮ ਆ ਸਕਦੇ ਹਨ?
7436	178	ਕਰਿ ਕਿਰਪਾ ਰਾਖੈ ਆਪਿ ਲਾਜ॥੨॥	(ਲਾਜ) ਇੱਜ਼ਤ	Kar Kirapaa Raakhai Aap Laaj ||2||	Showing His Mercy, the Lord Himself protects our honor. ||2||	(ਪ੍ਰਭੂ ਦੀ ਸਰਨ ਪਉ, ਉਹ ਪ੍ਰਭੂ) ਮਿਹਰ ਕਰ ਕੇ (ਜੀਵ ਦੀ) ਇੱਜ਼ਤ ਆਪ ਰੱਖਦਾ ਹੈ ॥੨॥
7437	178	ਕਿਆ ਮਾਨੁਖ ਕਹਹੁ ਕਿਆ ਜੋਰੁ॥		Kiaa Maanukh Kehahu Kiaa Jor ||	What is the human? What power does he have?	ਦੱਸੋ, ਇਹ ਬੰਦੇ ਕੀਹ ਕਰਨ ਜੋਗੇ ਹਨ? ਇਹਨਾਂ ਦੀ ਆਕੜ (ਦੀ) ਕੀਹ (ਪਾਂਇਆਂ) ਹੈ?
7438	178	ਝੂਠਾ ਮਾਇਆ ਕਾ ਸਭੁ ਸੋਰੁ॥	(ਸੋਰੁ) ਰੌਲ਼ਾ	Jhoothaa Maaeiaa Kaa Sabh Sor ||	All the tumult of Maya is false.	(ਹੇ ਭਾਈ!) ਮਾਇਆ ਦੀ ਸਾਰੀ ਫੂੰ-ਫਾਂ ਝੂਠੀ ਹੈ (ਚਾਰ ਦਿਨਾਂ ਦੀ ਹੈ)।
7439	178	ਕਰਣ ਕਰਾਵਨਹਾਰ ਸੁਆਮੀ॥	ਕਰਾਵਨ-ਹਾਰ	Karan Karaavanehaar Suaamee ||	Our Lord and Master is the One who acts, and causes others to act.	ਮਾਲਕ-ਪ੍ਰਭੂ (ਸਭ ਜੀਵਾਂ ਵਿਚ ਵਿਆਪਕ ਹੋ ਕੇ ਆਪ ਹੀ) ਸਭ ਕੁਝ ਕਰਨ ਦੇ ਸਮਰੱਥ ਹੈ, ਆਪ ਹੀ ਜੀਵਾਂ ਪਾਸੋਂ ਸਭ ਕੁਝ ਕਰਾਂਦਾ ਹੈ।
7440	178	ਸਗਲ ਘਟਾ ਕੇ ਅੰਤਰਜਾਮੀ॥੩॥		Sagal Ghattaa Kae Antharajaamee ||3||	He is the Inner-knower, the Searcher of all hearts. ||3||	ਉਹ ਪ੍ਰਭੂ ਸਭ ਜੀਵਾਂ ਦੇ ਦਿਲ ਦੀ ਜਾਣਦਾ ਹੈ ॥੩॥
7441	178	ਸਰਬ ਸੁਖਾ ਸੁਖੁ ਸਾਚਾ ਏਹੁ॥		Sarab Sukhaa Sukh Saachaa Eaehu ||	Of all comforts, this is the true comfort.	(ਹੇ ਭਾਈ!) ਸਤਿਗੁਰੂ ਦਾ ਉਪਦੇਸ਼ ਆਪਣੇ ਮਨ ਵਿਚ ਟਿਕਾ ਕੇ ਰੱਖ,

7442	178	ਗੁਰ ਉਪਦੇਸੁ ਮਨੈ ਮਹਿ ਲੇਹੁ॥		Gur Oupadhaes Manai Mehi Laehu ||	O Nanak, chant and meditate on the Naam, the Name of the Lord, Har, Har. ||4||4||73||	ਇਹੀ ਹੈ ਸਾਰੇ ਸੁਖਾਂ ਤੋਂ ਸ੍ਰੇਸ਼ਟ ਸੁਖ, ਤੇ, ਸਦਾ ਕਾਇਮ ਰਹਿਣ ਵਾਲਾ ਸੁਖ।
7443	178	ਜਾ ਕਉ ਰਾਮ ਨਾਮ ਲਿਵ ਲਾਗੀ॥		Jaa Ko Raam Naam Liv Laagee ||	Those who bear love for the Name of the Lord	ਜਿਸ ਮਨੁੱਖ ਨੂੰ ਪਰਮਾਤਮਾ ਦੇ ਨਾਮ ਦੀ ਲਗਨ ਲੱਗ ਜਾਂਦੀ ਹੈ,
7444	178	ਕਹੁ ਨਾਨਕ ਸੋ ਧੰਨੁ ਵਡਭਾਗੀ॥੪॥੭॥੭੬॥		Kahu Naanak So Dhann Vaddabhaagee ||4||7||76||	- says Nanak, they are blessed, and very fortunate. ||4||7||76||	ਨਾਨਕ ਆਖਦਾ ਹੈ- ਉਹ ਧੰਨ ਹੈ ਉਹ ਵੱਡੇ ਭਾਗਾਂ ਵਾਲਾ ਹੈ ॥੪॥੭॥੭੬॥
7445	178	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7446	178	ਸੁਣਿ ਹਰਿ ਕਥਾ ਉਤਾਰੀ ਮੈਲੁ॥		Sun Har Kathhaa Outhaaree Mail ||	Listening to the Lord's sermon, my pollution has been washed away.	ਜਿਨ੍ਹਾਂ ਮਨੁੱਖਾਂ ਨੇ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣ ਕੇ (ਆਪਣੇ ਮਨ ਤੋਂ ਵਿਕਾਰਾਂ ਦੀ) ਮੈਲ ਲਾਹ ਲਈ,
7447	178	ਮਹਾ ਪੁਨੀਤ ਭਏ ਸੁਖ ਸੈਲੁ॥	(ਪੁਨੀਤ) ਪਵਿੱਤ੍ਰ ਤੋਂ ਪਵਿੱਤ੍ਰ। ਸੁਖਾਂ ਦੇ (ਸੈਲੁ) ਪਹਾੜ	Mehaa Puneeth Bheae Sukh Sail ||	I have become totally pure, and I now walk in peace.	ਉਹ ਬੜੇ ਹੀ ਪਵਿਤ੍ਰ (ਜੀਵਨ ਵਾਲੇ) ਹੋ ਗਏ, ਉਹਨਾਂ ਅਨੇਕਾਂ ਹੀ ਸੁਖ ਪ੍ਰਾਪਤ ਕਰ ਲਏ।

7448	178	ਵਡੈਭਾਗਿ ਪਾਇਆ ਸਾਧਸੰਗੁ॥		Vaddai Bhaag Paaeiaa Saadhhasang ||	By great good fortune, I found the Saadh Sangat, the Company of the Holy;	ਉਹਨਾਂ ਨੇ ਵੱਡੀ ਕਿਸਮਤਿ ਨਾਲ ਗੁਰੂ ਦਾ ਮਿਲਾਪ ਹਾਸਲ ਕਰ ਲਿਆ,
7449	178	ਪਾਰਬ੍ਰਹਮ ਸਿਉ ਲਾਗੋ ਰੰਗੁ॥੧॥	(ਰੰਗੁ) ਪ੍ਰੇਮ	Paarabreham Sio Laago Rang ||1||	I have fallen in love with the Supreme Lord God. ||1||	ਉਹਨਾਂ ਦਾ ਪਰਮਾਤਮਾ ਨਾਲ ਪ੍ਰੇਮ ਬਣ ਗਿਆ ॥੧॥
7450	178	ਹਰਿ ਹਰਿ ਨਾਮੁ ਜਪਤ ਜਨੁ ਤਾਰਿਓ॥		Har Har Naam Japath Jan Thaariou ||	Chanting the Name of the Lord, Har, Har, His servant has been carried across.	ਹਰਿ-ਨਾਮ ਸਿਮਰਦੇ ਸੇਵਕ ਨੂੰ (ਗੁਰੂ ਨੇ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲਿਆ ਹੈ।
7451	178	ਅਗਨਿ ਸਾਗਰੁ ਗੁਰਿ ਪਾਰਿ ਉਤਾਰਿਓ॥੧॥ਰਹਾਉ॥		Agan Saagar Gur Paar Outhaariou ||1|| Rehaao ||	The Guru has lifted me up and carried me across the ocean of fire. ||1||Pause||	ਗੁਰੂ ਨੇ (ਸੇਵਕ ਨੂੰ) ਤ੍ਰਿਸ਼ਨਾ-ਅੱਗ ਦੇ ਸਮੁੰਦਰ ਤੋਂ ਪਾਰ ਲੰਘਾ ਲਿਆ ਹੈ ॥੧॥ ਰਹਾਉ ॥
7452	178	ਕਰਿ ਕੀਰਤਨੁ ਮਨੁ ਸੀਤਲ ਭਏ॥		Kar Keerathan Man Seethal Bheae ||	Singing the Kirtan of His Praises, my mind has become peaceful;	ਪਰਮਾਤਮਾ ਦੀ ਸਿਫ਼ਤ-ਸਾਲਾਹ ਕਰ ਕੇ ਜਿਨ੍ਹਾਂ ਦੇ ਮਨ ਠੰਢੇ-ਠਾਰ ਹੋ ਗਏ,
7453	178	ਜਨਮ ਜਨਮ ਕੇ ਕਿਲਵਿਖ ਗਏ॥	(ਕਿਲਵਿਖ) ਪਾਪ	Janam Janam Kae Kilavikh Geae ||	The sins of countless incarnations have been washed away.	(ਉਹਨਾਂ ਦੇ ਅੰਦਰੋਂ) ਜਨਮਾਂ ਜਨਮਾਂਤਰਾਂ ਦੇ ਪਾਪ ਦੂਰ ਹੋ ਗਏ।
7454	178	ਸਰਬ ਨਿਧਾਨ ਪੇਖੇ ਮਨ ਮਾਹਿ॥	(ਨਿਧਾਨ) ਖਜ਼ਾਨੇ। (ਪੇਖੇ) ਦੇਖੇ	Sarab Nidhhaan Paekhae Man Maahi ||	I have seen all the treasures within my own mind;	ਉਹਨਾਂ ਨੇ ਸਾਰੇ ਖ਼ਜ਼ਾਨੇ ਆਪਣੇ ਮਨ ਵਿਚ ਹੀ ਵੇਖ ਲਏ,

7455	178	ਅਬ ਢੂਢਨ ਕਾਹੇ ਕਉ ਜਾਹਿ॥੨॥		Ab Dtoodtan Kaahae Ko Jaahi ||2||	Why should I now go out searching for them? ||2||	(ਇਸ ਵਾਸਤੇ ਸੁਖ) ਢੂੰਡਣ ਲਈ ਹੁਣ ਉਹ (ਹੋਰ ਕਿਤੇ) ਕਿਉਂ ਜਾਣ? (ਭਾਵ, ਸੁਖ ਦੀ ਭਾਲ ਬਾਹਰ ਜਗਤ ਦੇ ਪਦਾਰਥਾਂ ਵਿਚੋਂ ਕਰਨ ਦੀ ਉਹਨਾਂ ਨੂੰ ਲੋੜ ਨਹੀਂ ਰਹਿੰਦੀ) ॥੨॥
7456	178	ਪ੍ਰਭ ਅਪੁਨੇ ਜਬ ਭਏ ਦਇਆਲ॥		Prabh Apunae Jab Bheae Dhaeiaal ||	When God Himself becomes merciful,	ਜਦੋਂ ਪ੍ਰਭੂ ਜੀ ਆਪਣੇ ਦਾਸਾਂ ਉਤੇ ਦਿਆਲ ਹੁੰਦੇ ਹਨ,
7457	178	ਪੂਰਨ ਹੋਈ ਸੇਵਕ ਘਾਲ॥	(ਘਾਲ) ਸੇਵਾ	Pooran Hoee Saevak Ghaal ||	The work of His servant becomes perfect.	ਤਦੋਂ ਦਾਸਾਂ ਦੀ (ਕੀਤੀ ਹੋਈ ਸੇਵਾ-ਸਿਮਰਨ ਦੀ) ਮਿਹਨਤ ਸਫਲ ਹੋ ਜਾਂਦੀ ਹੈ।
7458	178	ਬੰਧਨ ਕਾਟਿ ਕੀਏ ਅਪਨੇ ਦਾਸ॥		Bandhhan Kaatt Keeeae Apanae Dhaas ||	He has cut away my bonds, and made me His slave.	(ਸੇਵਕਾਂ ਦੇ ਮਾਇਆ ਦੇ ਮੋਹ ਦੇ) ਬੰਧਨ ਕੱਟ ਕੇ ਪ੍ਰਭੂ ਉਹਨਾਂ ਨੂੰ ਆਪਣੇ ਦਾਸ ਬਣਾ ਲੈਂਦਾ ਹੈ।
7459	178	ਸਿਮਰਿ ਸਿਮਰਿ ਸਿਮਰਿ ਗੁਣਤਾਸ॥੩॥	(ਗੁਣਤਾਸ)ਗੁਣਾਂ ਦੇ ਖਜ਼ਾਨੇ ਵਾਹਿਗੁਰੂ ਜੀ	Simar Simar Simar Gunathaas ||3||	Remember, remember, remember Him in meditation; He is the treasure of excellence. ||3||	ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ (ਸੇਵਕ ਪਰਮਾਤਮਾ ਵਿਚ ਲੀਨ ਹੋ ਜਾਂਦੇ ਹਨ) ॥੩॥
7460	178	ਏਕੋ ਮਨਿ ਏਕੋ ਸਭ ਠਾਇ॥		Eaeko Man Eaeko Sabh Thaae ||	He alone is in the mind; He alone is everywhere.	ਉਸ ਨੂੰ ਇਕ ਪਰਮਾਤਮਾ ਹੀ ਆਪਣੇ ਹਿਰਦੇ ਵਿਚ ਵੱਸਦਾ ਦਿੱਸਦਾ ਹੈ, ਇਕ ਪਰਮਾਤਮਾ ਹੀ ਹਰੇਕ ਥਾਂ ਵਿਚ ਦਿੱਸਦਾ ਹੈ।

7461	178	ਪੂਰਨ ਪੂਰਿ ਰਹਿਓ ਸਭ ਜਾਇ॥	(ਜਾਇ) ਜਗ੍ਹਾ	Pooran Poor Rehiou Sabh Jaae ||	The Perfect Lord is totally permeating and pervading everywhere.	ਉਸ ਨੂੰ ਹਰ ਥਾਂ ਵਿਚ ਪਰਮਾਤਮਾ ਹੀ ਪਰਮਾਤਮਾ ਵਿਆਪਕ ਭਰਪੂਰ ਦਿੱਸਦਾ ਹੈ,
7462	178	ਗੁਰਿ ਪੂਰੈ ਸਭੁ ਭਰਮੁ ਚੁਕਾਇਆ॥		Gur Poorai Sabh Bharam Chukaaeiaa ||	The Perfect Guru has dispelled all doubts.	ਪੂਰੇ ਗੁਰੂ ਨੇ ਜਿਸ ਮਨੁੱਖ ਦੇ ਮਨ ਦੀ ਸਾਰੀ ਭਟਕਣਾ ਦੂਰ ਕਰ ਦਿੱਤੀ,
7463	178	ਹਰਿ ਸਿਮਰਤ ਨਾਨਕ ਸੁਖੁ ਪਾਇਆ॥੪॥੮॥੭੭॥		Har Simarath Naanak Sukh Paaeiaa ||4||8||77||	Remembering the Lord in meditation, Nanak has found peace. ||4||8||77||	ਹੇ ਨਾਨਕ! ਪਰਮਾਤਮਾ ਦਾ ਸਿਮਰਨ ਕਰ ਕੇ ਉਸ ਮਨੁੱਖ ਨੇ ਆਤਮਕ ਆਨੰਦ ਲੱਭ ਲਿਆ ਹੈ ॥੪॥੮॥੭੭॥
7464	178	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7465	178	ਅਗਲੇ ਮੁਏ ਸਿ ਪਾਛੈ ਪਰੇ॥		Agalae Mueae S Paashhai Parae ||	Those who have died have been forgotten.	ਜੇਹੜੇ ਆਪਣੇ ਵੱਡੇ-ਵਡੇਰੇ ਮਰ ਚੁਕੇ ਹੁੰਦੇ ਹਨ ਉਹ ਭੁੱਲ ਜਾਂਦੇ ਹਨ (ਭਾਵ, ਇਹ ਗੱਲ ਭੁੱਲ ਜਾਂਦੀ ਹੈ ਕਿ ਉਹ ਜੋੜੀ ਹੋਈ ਮਾਇਆ ਇੱਥੇ ਹੀ ਛੱਡ ਗਏ),
7466	178	ਜੋ ਉਬਰੇ ਸੇ ਬੰਧਿ ਲਕੁ ਖਰੇ॥	(ਉਬਰੇ) ਬਚੇ। (ਖਰੇ) ਖੜੇ। ਲੱਕੁ	Jo Oubarae Sae Bandhh Lak Kharae ||	Those who survive have fastened their belts.	ਜੇਹੜੇ ਹੁਣ ਜੀਊਂਦੇ ਹਨ ਉਹ (ਮਾਇਆ ਜੋੜਨ ਲਈ) ਲੱਕ ਬੰਨ੍ਹ ਕੇ ਖਲੋ ਜਾਂਦੇ ਹਨ।
7467	178	ਜਿਹ ਧੰਧੇ ਮਹਿ ਓਇ ਲਪਟਾਏ॥		Jih Dhhandhhae Mehi Oue Lapattaaeae ||	They are busily occupied in their affairs;	ਜਿਸ ਧੰਧੇ ਵਿਚ ਉਹ (ਮਰ ਚੁਕੇ ਵੱਡੇ ਵਡੇਰੇ) ਫਸੇ ਹੋਏ ਸਨ,

7468	178	ਉਨ ਤੇ ਦੁਗੁਣ ਦਿੜੀ ਉਨ ਮਾਏ॥੧॥	(ਦੁੱਗੁਣ) ਦੂਣੀ	Oun Thae Dhugun Dhirree Oun Maaeae ||1||	They cling twice as hard to Maya. ||1||	ਉਹਨਾਂ ਤੋਂ ਦੂਣੀ ਮਾਇਆ ਦੀ ਪਕੜ ਉਹ ਜੀਊਂਦੇ ਮਨੁੱਖ ਆਪਣੇ ਮਨ ਵਿਚ ਬਣਾ ਲੈਂਦੇ ਹਨ ॥੧॥
7469	178	ਓਹ ਬੇਲਾ ਕਛੁ ਚੀਤਿ ਨ ਆਵੈ॥	ਬੇਲਾ: ਪੋਲਾ ਬੋਲੋ	Ouh Baelaa Kashh Cheeth N Aavai ||	No one thinks of the time of death;	(ਮੂਰਖ ਮਨੁੱਖ ਨੂੰ) ਉਹ ਸਮਾ ਰਤਾ ਭੀ ਚੇਤੇ ਨਹੀਂ ਆਉਂਦਾ (ਜਦੋਂ ਵੱਡੇ-ਵਡੇਰਿਆਂ ਵਾਂਗ ਸਭ ਕੁਝ ਇੱਥੇ ਹੀ ਛੱਡ ਜਾਣਾ ਹੈ)।
7470	178	ਬਿਨਸਿ ਜਾਇ ਤਾਹੂ ਲਪਟਾਵੈ॥੧॥ਰਹਾਉ ॥	(ਬਿਨਸਿ) ਨਾਸ	Binas Jaae Thaahoo Lapattaavai ||1|| Rehaao ||	People grasp to hold that which shall pass away. ||1||Pause||	ਮਨੁੱਖ (ਮੁੜ ਮੁੜ) ਉਸੇ (ਮਾਇਆ) ਨਾਲ ਚੰਬੜਦਾ ਹੈ ਜਿਸ ਨੇ ਨਾਸ ਹੋ ਜਾਣਾ ਹੈ (ਜਿਸ ਨਾਲ ਸਾਥ ਨਹੀਂ ਨਿਭਣਾ) ॥੧॥ ਰਹਾਉ ॥
7471	178	ਆਸਾ ਬੰਧੀ ਮੂਰਖ ਦੇਹ॥	(ਆਸਾ) ਤ੍ਰਿਸ਼ਨਾ ਚ (ਬੰਧੀ) ਬੱਝੀ	Aasaa Bandhhee Moorakh Dhaeh ||	The fools - their bodies are bound down by desires.	ਮੂਰਖ ਮਨੁੱਖ ਦਾ ਸਰੀਰ (ਭਾਵ, ਹਰੇਕ ਗਿਆਨ-ਇੰਦ੍ਰਾ ਮਾਇਆ ਦੀਆਂ) ਆਸਾਂ ਨਾਲ ਜਕੜਿਆ ਰਹਿੰਦਾ ਹੈ।
7472	178	ਕਾਮ ਕ੍ਰੋਧ ਲਪਟਿਓ ਅਸਨੇਹ॥	(ਅਸਨੇਹ) ਮੋਹ	Kaam Krodhh Lapattiou Asanaeh ||	They are mired in sexual desire, anger and attachment;	ਮੂਰਖ ਮਨੁੱਖ ਕਾਮ ਕ੍ਰੋਧ ਮੋਹ ਦੇ ਬੰਧਨਾਂ ਵਿਚ ਫਸਿਆ ਰਹਿੰਦਾ ਹੈ।
7473	178	ਸਿਰ ਊਪਰਿ ਠਾਢੋ ਧਰਮਰਾਇ॥	(ਠਾਢੋ) ਖੜ੍ਹਾ	Sir Oopar Thaadto Dhharam Raae ||	The Righteous Judge of Dharma stands over their heads.	ਸਿਰ ਉੱਤੇ ਧਰਮਰਾਜ ਖਲੋਤਾ ਹੋਇਆ ਹੈ (ਭਾਵ, ਮੌਤ ਦਾ ਸਮਾ ਨੇੜੇ ਆ ਰਿਹਾ ਹੈ, ਪਰ)

7474	178	ਮੀਠੀ ਕਰਿ ਕਰਿ ਬਿਖਿਆ ਖਾਇ॥੨॥	(ਬਿਖਿਆ) ਜ਼ਹਰ	Meethee Kar Kar Bikhiaa Khaae ||2||	Believing it to be sweet, the fools eat poison. ||2||	ਮੂਰਖ ਮਨੁੱਖ (ਆਤਮਕ ਮੌਤ ਲਿਆਉਣ ਵਾਲੀ) ਮਾਇਆ (-ਜ਼ਹਰ) ਮਿੱਠੀ ਜਾਣ ਜਾਣ ਕੇ ਖਾਂਦਾ ਰਹਿੰਦਾ ਹੈ ॥੨॥
7475	178	ਹਉ ਬੰਧਉ ਹਉ ਸਾਧਉ ਬੈਰੁ॥	(ਹਉ) ਮੈਂ। (ਬੈਰੁ) ਵੈਰ (ਸੱਧਉ) ਲਵਾਂਗਾ	Ho Bandhho Ho Saadhho Bair ||	They say, ""I shall tie up my enemy, and I shall cut him down.	(ਮਾਇਆ-ਮੱਤਾ ਮੂਰਖ ਮਨੁੱਖ ਇਉਂ ਅਹੰਕਾਰ-ਭਰੀਆਂ ਗੱਲਾਂ ਕਰਦਾ ਹੈ:) ਮੈਂ (ਉਸ ਨੂੰ) ਬੰਨ੍ਹ ਲਵਾਂਗਾ, ਮੈਂ (ਉਸ ਪਾਸੋਂ ਆਪਣਾ) ਵੈਰ (ਦਾ ਬਦਲਾ) ਲਵਾਂਗਾ,
7476	178	ਹਮਰੀ ਭੂਮਿ ਕਉਣੁ ਘਾਲੈ ਪੈਰੁ॥	(ਭੂਮਿ) ਜ਼ਮੀਨ ਤੇ। ਪੈਰੁ (ਘੱਲੈ) ਰੱਖ ਸਕਦਾ ਹੈ	Hamaree Bhoom Koun Ghaalai Pair ||	Who dares to set foot upon my land?	ਮੇਰੀ ਭੁਇਂ ਉਤੇ ਕੌਣ ਪੈਰ ਰੱਖਦਾ ਹੈ?
7477	178	ਹਉ ਪੰਡਿਤੁ ਹਉ ਚਤੁਰੁ ਸਿਆਣਾ॥		Ho Panddith Ho Chathur Siaanaa ||	I am learned, I am clever and wise.""	ਮੈਂ ਵਿਦਵਾਨ ਹਾਂ, ਮੈਂ ਚਤੁਰ ਹਾਂ ਮੈਂ ਸਿਆਣਾ ਹਾਂ।
7478	178	ਕਰਣੈਹਾਰੁ ਨ ਬੁਝੈ ਬਿਗਾਨਾ॥੩॥	(ਬਿਗਾਨਾ) ਮੂਰਖ। ਬੁੱਝੈ	Karanaihaar N Bujhai Bigaanaa ||3||	The ignorant ones do not recognize their Creator. ||3||	(ਆਪਣੇ ਅਹੰਕਾਰ ਵਿਚ) ਮੂਰਖ ਮਨੁੱਖ ਆਪਣੇ ਪੈਦਾ ਕਰਨ ਵਾਲੇ ਪਰਮਾਤਮਾ ਨੂੰ ਭੀ ਨਹੀਂ ਸਮਝਦਾ (ਚੇਤੇ ਰੱਖਦਾ) ॥੩॥
7479	178	ਅਪੁਨੀ ਗਤਿ ਮਿਤਿ ਆਪੇ ਜਾਨੈ॥	ਆਪਣੇ ਸਿੱਖ ਦੀ (ਗਤਿ) ਕਲਿਆਣ ਕਰਨ ਦੀ ਅਪਨੀ(ਮਿਤਿ) ਮਰਯਾਦਾ	Apunee Gath Mith Aapae Jaanai ||	The Lord Himself knows His Own state and condition.	(ਪਰ ਜੀਵ ਦੇ ਭੀ ਕੀਹ ਵੱਸ?) ਪਰਮਾਤਮਾ ਆਪ ਹੀ ਜਾਣਦਾ ਹੈ ਕਿ ਉਹ ਆਪ ਕਿਹੋ ਜਿਹਾ ਹੈ ਤੇ ਕੇਡਾ ਵੱਡਾ ਹੈ।

7480	178	ਕਿਆ ਕੋ ਕਹੈ ਕਿ ਆਖਿ ਵਖਾਨੈ॥		Kiaa Ko Kehai Kiaa Aakh Vakhaanai ||	What can anyone say? How can anyone describe Him?	ਜੀਵ (ਉਸ ਪਰਮਾਤਮਾ ਦੀ ਗਤਿ ਮਿਤਿ ਬਾਰੇ) ਕੁਝ ਭੀ ਕਹਿ ਨਹੀਂ ਸਕਦਾ, ਕੁਝ ਭੀ ਆਖ ਕੇ ਬਿਆਨ ਨਹੀਂ ਕਰ ਸਕਦਾ।
7481	178	ਜਿਤੁ ਜਿਤੁ ਲਾਵਹਿ ਤਿਤੁ ਤਿਤੁ ਲਗਨਾ॥	ਲੱਗਨਾ	Jith Jith Laavehi Thith Thith Laganaa ||	Whatever He attaches us to - to that we are attached.	ਹੇ ਪ੍ਰਭੂ! ਤੂੰ ਜੀਵ ਨੂੰ ਜਿਸ ਜਿਸ ਪਾਸੇ ਲਾਂਦਾ ਹੈਂ, ਉਧਰ ਉਧਰ ਹੀ ਇਹ ਲੱਗ ਸਕਦਾ ਹੈ।
7482	178	ਅਪਨਾ ਭਲਾ ਸਭ ਕਾਹੂ ਮੰਗਨਾ॥੪॥		Apanaa Bhalaa Sabh Kaahoo Manganaa ||4||	Everyone begs for their own good. ||4||	ਹਰੇਕ ਜੀਵ ਨੇ ਤੇਰੇ ਪਾਸੋਂ ਹੀ ਆਪਣੇ ਭਲੇ ਦੀ ਮੰਗ ਮੰਗਣੀ ਹੈ ॥੪॥
7483	178	ਸਭ ਕਿਛੁ ਤੇਰਾ ਤੂੰ ਕਰਣੈਹਾਰੁ॥		Sabh Kishh Thaeraa Thoon Karanaihaar ||	Everything is Yours; You are the Creator Lord.	ਹੇ ਪ੍ਰਭੂ! ਇਹ ਸਭ ਕੁਝ ਤੇਰਾ ਹੀ ਪੈਦਾ ਕੀਤਾ ਹੋਇਆ ਹੈ, ਤੂੰ ਹੀ ਸਾਰੇ ਜਗਤ ਦਾ ਬਣਾਣ ਵਾਲਾ ਹੈਂ।
7484	178	ਅੰਤੁ ਨਾਹੀ ਕਿਛੁ ਪਾਰਾਵਾਰੁ॥		Anth Naahee Kishh Paaraavaar ||	You have no end or limitation.	ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਤੇਰੇ ਸਰੂਪ ਦਾ ਉਰਲਾ ਪਾਰਲਾ ਬੰਨ੍ਹਾ ਨਹੀਂ ਲੱਭ ਸਕਦਾ।
7485	178	ਦਾਸ ਅਪਨੇ ਕਉ ਦੀਜੈ ਦਾਨੁ॥		Dhaas Apanae Ko Dheejai Dhaan ||	Please give this gift to Your servant,	ਹੇ ਪ੍ਰਭੂ! ਆਪਣੇ ਦਾਸ ਨੂੰ ਇਹ ਦਾਤ ਬਖ਼ਸ਼ ਕਿ
7486	178	ਕਬਹੂ ਨ ਵਿਸਰੈ ਨਾਨਕ ਨਾਮੁ॥੫॥੯॥੭੮॥		Kabehoo N Visarai Naanak Naam ||5||9||78||	That Nanak might never forget the Naam. ||5||9||78||	(ਤੇਰੇ ਦਾਸ) ਨਾਨਕ ਨੂੰ ਕਦੇ ਤੇਰਾ ਨਾਮ ਨਾਹ ਭੁੱਲੇ ॥੫॥੯॥੭੮॥

7487	178	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7488	178	ਅਨਿਕ ਜਤਨ ਨਹੀ ਹੋਤ ਛੁਟਾਰਾ॥	(ਛੁਟਾਰਾ) ਮੁਕਤੀ	Anik Jathan Nehee Hoth Shhuttaaraa ||	By all sorts of efforts, people do not find salvation.	(ਹੇ ਮਨ!) ਅਨੇਕਾਂ ਜਤਨਾਂ ਦੀ ਰਾਹੀਂ ਭੀ (ਮਾਇਆ ਦੇ ਮੋਹ ਦੇ ਕਾਰਨ ਪੈਦਾ ਹੋਏ ਦੁਖ ਕਲੇਸ਼ਾਂ ਤੋਂ) ਖ਼ਲਾਸੀ ਨਹੀਂ ਹੋ ਸਕਦੀ,
7489	178	ਬਹੁਤੁ ਸਿਆਣਪ ਆਗਲ ਭਾਰਾ॥	(ਆਗਲ) ਬਹੁਤਾ। ਪਾਪਾਂ ਔਗੁਣਾਂ ਦਾ (ਭਾਰਾ) ਭਾਰ	Bahuth Siaanap Aagal Bhaaraa ||	Through clever tricks, the weight is only piled on more and more.	(ਸਗੋਂ ਮਾਇਆ ਦੀ ਖ਼ਾਤਰ ਕੀਤੀ ਹੋਈ) ਬਹੁਤੀ ਚਤੁਰਾਈ (ਹੋਰ ਹੋਰ ਦੁੱਖਾਂ ਦਾ) ਬਹੁਤਾ ਭਾਰ (ਸਿਰ ਉਤੇ ਪਾ ਦੇਂਦੀ ਹੈ)।
7490	178	ਹਰਿ ਕੀ ਸੇਵਾ ਨਿਰਮਲ ਹੇਤ॥	(ਹੇਤ) ਪਿਆਰ	Har Kee Saevaa Niramal Haeth ||	Serving the Lord with a pure heart,	ਜੇ ਪਵਿਤ੍ਰ ਪਿਆਰ ਨਾਲ ਹਰੀ ਦੀ ਸੇਵਾ-ਭਗਤੀ ਕਰੀਏ,
7491	178	ਪ੍ਰਭ ਕੀ ਦਰਗਹ ਸੋਭਾ ਸੇਤ॥੧॥	(ਸੇਤ) ਨਾਲ	Prabh Kee Dharageh Sobhaa Saeth ||1||	Showing His Mercy, the Lord Himself protects our honor. ||2||	ਤਾਂ ਹਰੀ ਦੀ ਦਰਗਾਹ ਵਿਚ ਆਦਰ-ਵਡਿਆਈ ਨਾਲ ਪਹੁੰਚੀਦਾ ਹੈ ॥੧॥
7492	179	ਮਨ ਮੇਰੇ ਗਹੁ ਹਰਿ ਨਾਮ ਕਾ ਓਲਾ॥	(ਗਹੁ) ਪਕੜੋ। (ਓਲਾ)ਆਸਰਾ	Man Maerae Gahu Har Naam Kaa Oulaa ||	What is the human? What power does he have?	ਹੇ ਮੇਰੇ ਮਨ! ਪਰਮਾਤਮਾ ਦੇ ਨਾਮ ਦਾ ਆਸਰਾ ਫੜ,
7493	179	ਤੁਝੈ ਨ ਲਾਗੈ ਤਾਤਾ ਝੋਲਾ॥੧॥ਰਹਾਉ॥	(ਤੱਾਤਾ) ਤੱਤੀ ਹਵਾ ਦਾ (ਝੋੱਲਾ) ਬੁੱਲਾ	Thujhai N Laagai Thaathaa Jholaa ||1|| Rehaao ||	The hot winds shall never even touch you. ||1||Pause||	ਤੈਨੂੰ (ਦੁਨੀਆ ਦੇ ਦੁਖ ਕਲੇਸ਼ਾਂ ਦੀ) ਤੱਤੀ ਹਵਾ ਦਾ ਬੁੱਲਾ ਪੋਹ ਨਹੀਂ ਸਕੇਗਾ ॥੧॥ ਰਹਾਉ ॥

7494	179	ਜਿਉ ਬੋਹਿਥੁ ਭੈ ਸਾਗਰ ਮਾਹਿ॥	(ਬੋਹਿਥੁ) ਜਹਾਜ਼, ਸੰਸਾਰ ਰੂਪੀ (ਭੈ) ਡਰਾਉਣੇ (ਸਾਗਰ) ਸਮੁੰਦ੍ਰ	Jio Bohithh Bhai Saagar Maahi ||	Like a boat in the ocean of fear;	(ਹੇ ਭਾਈ!) ਜਿਵੇਂ ਡਰਾਵਣੇ ਸਮੁੰਦਰ ਵਿਚ ਜਹਾਜ਼ (ਮਨੁੱਖ ਨੂੰ ਡੁੱਬਣੋਂ ਬਚਾਂਦਾ ਹੈ,
7495	179	ਅੰਧਕਾਰ ਦੀਪਕ ਦੀਪਾਹਿ॥	(ਦੀਪਾਹਿ) ਪ੍ਰਕਾਸ਼ਦਾ	Andhhakaar Dheepak Dheepaahi ||	Like a lamp which illumines the darkness;	ਜਿਵੇਂ ਹਨੇਰੇ ਵਿਚ ਦੀਵੇ ਚਾਨਣ ਕਰਦੇ ਹਨ (ਤੇ ਠੇਡਾ ਖਾਣ ਤੋਂ ਬਚਾਂਦੇ ਹਨ)।
7496	179	ਅਗਨਿ ਸੀਤ ਕਾ ਲਾਹਸਿ ਦੂਖ॥	(ਸੀਤ) ਠੰਢ। (ਲਾ-ਹਸਿ) ਲਾਹ ਦਿੰਦੀ	Agan Seeth Kaa Laahas Dhookh ||	Like fire which takes away the pain of cold	ਜਿਵੇਂ, ਅੱਗ ਪਾਲੇ ਦਾ ਦੁੱਖ ਦੂਰ ਕਰ ਦੇਂਦੀ ਹੈ,
7497	179	ਨਾਮੁ ਜਪਤ ਮਨਿ ਹੋਵਤ ਸੂਖ॥੨॥		Naam Japath Man Hovath Sookh ||2||	- just so, chanting the Name, the mind becomes peaceful. ||2||	ਤਿਵੇਂ ਪਰਮਾਤਮਾ ਦਾ ਨਾਮ ਸਿਮਰਿਆਂ ਮਨ ਵਿਚ ਆਨੰਦ ਪੈਦਾ ਹੁੰਦਾ ਹੈ ॥੨॥
7498	179	ਉਤਰਿ ਜਾਇ ਤੇਰੇ ਮਨ ਕੀ ਪਿਆਸ॥	ਉੱਤਰਿ	Outhar Jaae Thaerae Man Kee Piaas ||	The thirst of your mind shall be quenched,	(ਨਾਮ ਦੀ ਬਰਕਤਿ ਨਾਲ) ਤੇਰੇ ਮਨ ਦੀ (ਮਾਇਆ ਦੀ) ਤ੍ਰਿਸ਼ਨਾ ਲਹਿ ਜਾਏਗੀ।
7499	179	ਪੂਰਨ ਹੋਵੈ ਸਗਲੀ ਆਸ॥		Pooran Hovai Sagalee Aas ||	And all hopes shall be fulfilled.	ਤੇਰੀ ਸਾਰੀ ਹੀ ਆਸ ਪੂਰੀ ਹੋ ਜਾਇਗੀ (ਦੁਨੀਆ ਦੀਆਂ ਆਸਾਂ ਸਤਾਣੋਂ ਹਟ ਜਾਣਗੀਆਂ),
7500	179	ਡੋਲੈ ਨਾਹੀ ਤੁਮਰਾ ਚੀਤੁ॥		Ddolai Naahee Thumaraa Cheeth ||	Your consciousness shall not waver.	ਤੇ ਤੇਰਾ ਮਨ (ਮਾਇਆ ਦੀ ਲਾਲਸਾ ਵਿਚ) ਡੋਲੇਗਾ ਨਹੀਂ।
7501	179	ਅੰਮ੍ਰਿਤ ਨਾਮੁ ਜਪਿ ਗੁਰਮੁਖਿ ਮੀਤ॥੩॥		Anmrith Naam Jap Guramukh Meeth ||3||	Meditate on the Ambrosial Naam as Gurmukh, O my friend. ||3||	(ਤਾਂ ਤੇ) ਹੇ ਮਿੱਤਰ! ਗੁਰੂ ਦੀ ਸਰਨ ਪੈ ਕੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਪ ॥੩॥

7502	179	ਨਾਮੁ ਅਉਖਧੁ ਸੋਈ ਜਨੁ ਪਾਵੈ॥	(ਅਉਖਧੁ) ਦਵਾਈ	Naam Aoukhadhh Soee Jan Paavai ||	He alone receives the panacea, the medicine of the Naam,	(ਪਰ ਇਹ) ਹਰਿ-ਨਾਮ ਦਵਾਈ ਉਹੀ ਮਨੁੱਖ ਹਾਸਲ ਕਰਦਾ ਹੈ,
7503	179	ਕਰਿ ਕਿਰਪਾ ਜਿਸੁ ਆਪਿ ਦਿਵਾਵੈ॥		Kar Kirapaa Jis Aap Dhivaavai ||	Unto whom the Lord, in His Grace, bestows it.	ਜਿਸ ਨੂੰ ਪ੍ਰਭੂ ਮਿਹਰ ਕਰਕੇ ਆਪ (ਗੁਰੂ ਪਾਸੋਂ) ਦਿਵਾਂਦਾ ਹੈ।
7504	179	ਹਰਿ ਹਰਿ ਨਾਮੁ ਜਾ ਕੈ ਹਿਰਦੈ ਵਸੈ॥		Har Har Naam Jaa Kai Hiradhai Vasai ||	One whose heart is filled with the Name of the Lord, Har, Har	ਹੇ ਨਾਨਕ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ,
7505	179	ਦੂਖੁ ਦਰਦੁ ਤਿਹ ਨਾਨਕ ਨਸੈ॥੪॥੧੦॥੭੯॥	ਨੱਸੈ	Dhookh Dharadh Thih Naanak Nasai ||4||10||79||	- O Nanak, his pains and sorrows are eliminated. ||4||10||79||	ਉਸ ਦਾ ਸਾਰਾ ਦੁਖ-ਦਰਦ ਦੂਰ ਹੋ ਜਾਂਦਾ ਹੈ ॥੪॥੧੦॥੭੯॥
7506	179	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7507	179	ਬਹੁਤੁ ਦਰਬੁ ਕਰਿ ਮਨੁ ਨ ਅਘਾਨਾ॥	(ਦਰਬੁ) ਧਨ। (ਅਘਾਨਾ) ਤ੍ਰਿਪਤ ਹੁੰਦਾ	Bahuth Dharab Kar Man N Aghaanaa ||	Even with vast sums of wealth, the mind is not satisfied.	ਬਹੁਤਾ ਧਨ ਜੋੜ ਕੇ (ਭੀ) ਮਨ ਰੱਜਦਾ ਨਹੀਂ।
7508	179	ਅਨਿਕ ਰੂਪ ਦੇਖਿ ਨਹ ਪਤੀਆਨਾ॥	(ਪਤੀਆਨਾ) ਪਤੀਜਦਾ, ਤਸੱਲੀ ਹੁੰਦੀ	Anik Roop Dhaekh Neh Patheeaanaa ||	Gazing upon countless beauties, the man is not satisfied.	ਅਨੇਕਾਂ (ਸੁੰਦਰ ਇਸਤ੍ਰੀਆਂ ਦੇ) ਰੂਪ ਵੇਖ ਕੇ ਭੀ ਮਨ ਦੀ ਤਸੱਲੀ ਨਹੀਂ ਹੁੰਦੀ।

7509	179	ਪੁਤ੍ਰ ਕਲਤ੍ਰ ਉਰਝਿਓ ਜਾਨਿ ਮੇਰੀ॥	(ਕ-ਲੱਤ੍ਰ) ਇਸਤ੍ਰੀ। (ਉਰਝਿਓ) ਫਸੀ	Puthr Kalathr Ourajhiou Jaan Maeree ||	He is so involved with his wife and sons - he believes that they belong to him.	ਮਨੁੱਖ, ਇਹ ਸਮਝ ਕੇ ਕਿ ਇਹ ਮੇਰੀ ਇਸਤ੍ਰੀ ਹੈ ਇਹ ਮੇਰਾ ਪੁਤ੍ਰ ਹੈ, ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ।
7510	179	ਓਹ ਬਿਨਸੈ ਓਇ ਭਸਮੈ ਢੇਰੀ॥੧॥	(ਬਿਨਸੈ) ਨਾਸ ਹੋ ਜਾਂਦੀ। (ਭਸਮੈ) ਸੁਆਹ	Ouh Binasai Oue Bhasamai Dtaeree ||1||	That wealth shall pass away, and those relatives shall be reduced to ashes. ||1||	(ਇਸਤ੍ਰੀਆਂ ਦੀ) ਸੁੰਦਰਤਾ ਨਾਸ ਹੋ ਜਾਂਦੀ ਹੈ, (ਉਹ ਆਪਣੇ ਮਿਥੇ ਹੋਏ) ਇਸਤ੍ਰੀ ਪੁੱਤਰ ਸੁਆਹ ਦੀ ਢੇਰੀ ਹੋ ਜਾਂਦੇ ਹਨ (ਕਿਸੇ ਨਾਲ ਭੀ ਸਾਥ ਨਹੀਂ ਨਿਭਦਾ) ॥੧॥
7511	179	ਬਿਨੁ ਹਰਿ ਭਜਨ ਦੇਖਉ ਬਿਲਲਾਤੇ॥	(ਬਿਲਲਾਤੇ) ਰੋਂਦੇ	Bin Har Bhajan Dhaekho Bilalaathae ||	Without meditating and vibrating on the Lord, they are crying out in pain.	ਮੈਂ ਵੇਖਦਾ ਹਾਂ ਕਿ ਪਰਮਾਤਮਾ ਦਾ ਭਜਨ ਕਰਨ ਤੋਂ ਬਿਨਾ ਜੀਵ ਵਿਲਕਦੇ ਹਨ।
7512	179	ਧ੍ਰਿਗੁ ਤਨੁ ਧ੍ਰਿਗੁ ਧਨੁ ਮਾਇਆ ਸੰਗਿ ਰਾਤੇ॥੧॥ਰਹਾਉ॥	(ਧ੍ਰਿਗੁ) ਫਿਟਕਾਰ ਯੋਗ	Dhhrig Than Dhhrig Dhhan Maaeiaa Sang Raathae ||1|| Rehaao ||	Their bodies are cursed, and their wealth is cursed - they are imbued with Maya. ||1||Pause||	ਜੇਹੜੇ ਮਨੁੱਖ ਮਾਇਆ ਦੇ ਮੋਹ ਵਿਚ ਮਸਤ ਰਹਿੰਦੇ ਹਨ ਉਹਨਾਂ ਦਾ ਸਰੀਰ ਫਿਟਕਾਰ-ਜੋਗ ਹੈ ਉਹਨਾਂ ਦਾ ਧਨ ਫਿਟਕਾਰ-ਜੋਗ ਹੈ ॥੧॥ ਰਹਾਉ ॥
7513	179	ਜਿਉ ਬਿਗਾਰੀ ਕੈ ਸਿਰਿ ਦੀਜਹਿ ਦਾਮ॥	(ਬਿਗਾਰੀ) ਜ਼ਬਰਦਸਤੀ ਫੜਿਆ ਗੁਲਾਮ। (ਦਾਮ) ਪੈਸੇ	Jio Bigaaree Kai Sir Dheejehi Dhaam ||	The servant carries the bags of money on his head,	ਜਿਵੇਂ ਕਿਸੇ ਵਿਗਾਰੀ ਦੇ ਸਿਰ ਉਤੇ ਪੈਸੇ-ਰੁਪਏ ਰੱਖੇ ਜਾਣ,

7514	179	ਓਇ ਖਸਮੈ ਕੈ ਗ੍ਰਿਹਿ ਉਨ ਦੂਖ ਸਹਾਮ॥	ਓਇ ਪੈਸੇ (ਖਸਮੈ) ਮਾਲਕ ਦੇ (ਗ੍ਰਿਹਿ) ਘਰ ਚਲੇ ਜਾਂਦੇ ਹਨ, ਉਨ ਬੇਗਾਰੀ ਨੇ ਚੱਕਣ ਦਾ ਦੂਖ ਹੀ (ਸਹਾਮ) ਸਹਿਆ	Oue Khasamai Kai Grihi Oun Dhookh Sehaam ||	Remember, remember, remember Him in meditation; He is the treasure of excellence. ||3||	ਉਹ ਪੈਸੇ-ਰੁਪਏ ਮਾਲਕ ਦੇ ਘਰ ਵਿਚ ਜਾ ਪਹੁੰਚਦੇ ਹਨ, ਉਸ ਵਿਗਾਰੀ ਨੇ (ਭਾਰ ਚੁੱਕਣ ਦਾ) ਦੁੱਖ ਹੀ ਸਹਾਰਿਆ ਹੁੰਦਾ ਹੈ।
7515	179	ਜਿਉ ਸੁਪਨੈ ਹੋਇ ਬੈਸਤ ਰਾਜਾ॥	(ਬੈਸਤ) ਬੈਠ ਜਾਏ	Jio Supanai Hoe Baisath Raajaa ||	The man sits as a king in his dreams,	ਜਿਵੇਂ ਕੋਈ ਮਨੁੱਖ ਸੁਪਨੇ ਵਿਚ ਰਾਜਾ ਬਣ ਕੇ ਬੈਠ ਜਾਂਦਾ ਹੈ,
7516	179	ਨੇਤ੍ਰ ਪਸਾਰੈ ਤਾ ਨਿਰਾਰਥ ਕਾਜਾ॥੨॥	(ਪਸਾਰੈ) ਖੋਲੇ। (ਨਿਰਾਰਥ) ਵਿਅਰਥ। ਰਾਜ ਦੇ (ਕੱਾਜਾ) ਕੰਮ	Naethr Pasaarai Thaa Niraarathh Kaajaa ||2||	But when he opens his eyes, he sees that it was all in vain. ||2||	(ਪਰ ਜਦੋਂ ਨੀਂਦ ਮੁੱਕ ਜਾਣ ਤੇ) ਅੱਖਾਂ ਖੋਲ੍ਹਦਾ ਹੈ, ਤਾਂ (ਸੁਪਨੇ ਵਿਚ ਮਿਲੇ ਰਾਜ ਦਾ ਸਾਰਾ) ਕੰਮ ਚੌੜ ਹੋ ਜਾਂਦਾ ਹੈ ॥੨॥
7517	179	ਜਿਉ ਰਾਖਾ ਖੇਤ ਊਪਰਿ ਪਰਾਏ॥		Jio Raakhaa Khaeth Oopar Paraaeae ||	The watchman oversees the field of another,	ਜਿਵੇਂ ਕੋਈ ਰਾਖਾ ਕਿਸੇ ਹੋਰ ਦੇ ਖੇਤ ਉਤੇ (ਰਾਖੀ ਕਰਦਾ ਹੈ),
7518	179	ਖੇਤੁ ਖਸਮ ਕਾ ਰਾਖਾ ਉਠਿ ਜਾਏ॥		Khaeth Khasam Kaa Raakhaa Outh Jaaeae ||	But the field belongs to his master, while he must get up and depart.	(ਫ਼ਸਲ ਪੱਕਣ ਤੇ) ਫ਼ਸਲ ਮਾਲਕ ਦੀ ਮਲਕੀਅਤ ਹੋ ਜਾਂਦਾ ਹੈ ਤੇ ਰਾਖਾ ਉੱਠ ਕੇ ਚਲਾ ਜਾਂਦਾ ਹੈ।
7519	179	ਉਸੁ ਖੇਤ ਕਾਰਣਿ ਰਾਖਾ ਕੜੈ॥	(ਕੜੈ) ਦੁਖੀ ਹੋਏ	Ous Khaeth Kaaran Raakhaa Karrai ||	He works so hard, and suffers for that field,	ਰਾਖਾ ਉਸ (ਪਰਾਏ) ਖੇਤ ਦੀ (ਰਾਖੀ ਦੀ) ਖ਼ਾਤਰ ਦੁਖੀ ਹੁੰਦਾ ਰਹਿੰਦਾ ਹੈ,
7520	179	ਤਿਸ ਕੈ ਪਾਲੈ ਕਛੂ ਨ ਪੜੈ॥੩॥	(ਪੱਾਲੈ) ਪੱਲੇ। ਪੜੈ ੜ ਹਲੰਤ ਨ ਲਾਉ	This Kai Paalai Kashhoo N Parrai ||3||	But still, nothing comes into his hands. ||3||	ਪਰ ਉਸ ਨੂੰ (ਆਖ਼ਰ) ਕੁਝ ਭੀ ਨਹੀਂ ਮਿਲਦਾ ॥੩॥

7521	179	ਜਿਸ ਕਾ ਰਾਜੁ ਤਿਸੈ ਕਾ ਸੁਪਨਾ॥		Jis Kaa Raaj Thisai Kaa Supanaa ||	The dream is His, and the kingdom is His;	(ਪਰ ਜੀਵ ਦੇ ਕੀਹ ਵੱਸ? ਸੁਪਨੇ ਵਿਚ) ਜਿਸ ਪ੍ਰਭੂ ਦਾ (ਦਿੱਤਾ ਹੋਇਆ) ਰਾਜ ਮਿਲਦਾ ਹੈ, ਉਸੇ ਦਾ ਹੀ ਦਿੱਤਾ ਹੋਇਆ ਸੁਪਨਾ ਭੀ ਹੁੰਦਾ ਹੈ।
7522	179	ਜਿਨਿ ਮਾਇਆ ਦੀਨੀ ਤਿਨਿ ਲਾਈ ਤ੍ਰਿਸਨਾ॥		Jin Maaeiaa Dheenee Thin Laaee Thrisanaa ||	He who has given the wealth of Maya, has infused the desire for it.	ਜਿਸ ਪ੍ਰਭੂ ਨੇ ਮਨੁੱਖ ਨੂੰ ਮਾਇਆ ਦਿੱਤੀ ਹੈ, ਉਸੇ ਨੇ ਹੀ ਮਾਇਆ ਦੀ ਤ੍ਰਿਸ਼ਨਾ ਚੰਬੋੜੀ ਹੋਈ ਹੈ।
7523	179	ਆਪਿ ਬਿਨਾਹੇ ਆਪਿ ਕਰੇ ਰਾਸਿ॥	(ਬਿਨਾਹੇ) ਨਾਸ ਕਰੇ। (ਰਾਸਿ) ਸਫ਼ਲ	Aap Binaahae Aap Karae Raas ||	He Himself annihilates, and He Himself restores.	ਪ੍ਰਭੂ ਆਪ ਹੀ (ਤ੍ਰਿਸ਼ਨਾ ਚੰਬੋੜ ਕੇ) ਆਤਮਕ ਮੌਤ ਦੇਂਦਾ ਹੈ, ਆਪ ਹੀ (ਆਪਣੇ ਨਾਮ ਦੀ ਦਾਤ ਦੇ ਕੇ) ਮਨੁੱਖਾ ਜੀਵਨ ਦਾ ਮਨੋਰਥ ਸਫਲ ਕਰਦਾ ਹੈ।
7524	179	ਨਾਨਕ ਪ੍ਰਭ ਆਗੈ ਅਰਦਾਸਿ॥੪॥੧੧॥੮੦॥		Naanak Prabh Aagai Aradhaas ||4||11||80||	Nanak offers this prayer to God. ||4||11||80||	ਹੇ ਨਾਨਕ! ਪ੍ਰਭੂ ਦੇ ਦਰ ਤੇ ਹੀ (ਸਦਾ ਨਾਮ ਦੀ ਦਾਤ ਵਾਸਤੇ) ਅਰਦਾਸ ਕਰਨੀ ਚਾਹੀਦੀ ਹੈ ॥੪॥੧੧॥੮੦॥
7525	179	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7526	179	ਬਹੁ ਰੰਗ ਮਾਇਆ ਬਹੁ ਬਿਧਿ ਪੇਖੀ॥	(ਪੇਖੀ) ਦੇਖੀ	Bahu Rang Maaeiaa Bahu Bidhh Paekhee ||	I have gazed upon the many forms of Maya, in so many ways.	ਮੈਂ ਬਹੁਤ ਰੰਗਾਂ ਵਾਲੀ ਮਾਇਆ ਕਈ ਤਰੀਕਿਆਂ ਨਾਲ ਮੋਹਦੀ ਵੇਖੀ ਹੈ।

7527	179	ਕਲਮ ਕਾਗਦ ਸਿਆਨਪ ਲੇਖੀ॥	(ਲੇਖੀ) ਲਿਖੀ	Kalam Kaagadh Siaanap Laekhee ||	With pen and paper, I have written clever things.	ਕਾਗ਼ਜ਼ ਕਲਮ (ਲੈ ਕੇ ਕਈਆਂ ਨੇ) ਅਨੇਕਾਂ ਵਿਦਵਤਾ ਵਾਲੇ ਲੇਖ ਲਿਖੇ ਹਨ (ਮਾਇਆ ਉਹਨਾਂ ਨੂੰ ਵਿਦਵਤਾ ਦੇ ਰੂਪ ਵਿਚ ਮੋਹ ਰਹੀ ਹੈ)।
7528	179	ਮਹਰ ਮਲੂਕ ਹੋਇ ਦੇਖਿਆ ਖਾਨ॥	(ਮਹਰ) ਪ੍ਰਧਾਨ ਮੁਖੀ। (ਮਲੂਕ) ਬਾਦਸ਼ਾਹ। (ਖਾਨ) ਬਹਾਦਰ ਪਠਾਣ	Mehar Malook Hoe Dhaekhiaa Khaan ||	I have seen what it is to be a chief, a king, and an emperor,	(ਕਈਆਂ ਨੇ) ਚੌਧਰੀ ਸੁਲਤਾਨ ਖਾਨ ਬਣ ਕੇ ਵੇਖ ਲਿਆ ਹੈ।
7529	179	ਤਾ ਤੇ ਨਾਹੀ ਮਨੁ ਤ੍ਰਿਪਤਾਨ॥੧॥	(ਤ੍ਰਿਪਤਾਨ) ਤ੍ਰਿਪਤ	Thaa Thae Naahee Man Thripathaan ||1||	But they do not satisfy the mind. ||1||	ਇਹਨਾਂ ਨਾਲ (ਕਿਸੇ ਦਾ) ਮਨ ਤ੍ਰਿਪਤ ਨਹੀਂ ਹੋ ਸਕਿਆ ॥੧॥
7530	179	ਸੋ ਸੁਖੁ ਮੋਕਉ ਸੰਤ ਬਤਾਵਹੁ॥		So Sukh Mo Ko Santh Bathaavahu ||	Show me that peace, O Saints,	ਹੇ ਸੰਤ ਜਨੋ! ਮੈਨੂੰ ਉਹ ਆਤਮਕ ਆਨੰਦ ਦੱਸੋ (ਜਿਸ ਨਾਲ ਮੇਰੀ ਮਾਇਆ ਦੀ) ਤ੍ਰਿਸ਼ਨਾ ਮਿਟ ਜਾਏ।
7531	179	ਤ੍ਰਿਸਨਾ ਬੂਝੈ ਮਨੁ ਤ੍ਰਿਪਤਾਵਹੁ॥੧॥ਰਹਾਉ॥	ਬੂਝੈ: ਪੋਲਾ ਬੋਲੋ	Thrisanaa Boojhai Man Thripathaavahu ||1|| Rehaao ||	Which will quench my thirst and satisfy my mind. ||1||Pause||	ਹੇ ਸੰਤ ਜਨੋ! ਮੇਰੇ ਮਨ ਨੂੰ ਸੰਤੋਖੀ ਬਣਾ ਦਿਓ ॥੧॥ ਰਹਾਉ ॥
7532	179	ਅਸੁ ਪਵਨ ਹਸਤਿ ਅਸਵਾਰੀ॥	(ਪਵਨ) ਹਵਾ ਵਰਗੇ ਤੇਜ਼ (ਅਸੁ) ਘੋੜੇ। (ਹਸਤਿ) ਹਾਥੀ	As Pavan Hasath Asavaaree ||	You may have horses as fast as the wind, elephants to ride on,	ਹਾਥੀਆਂ ਦੀ ਤੇ ਹਵਾ ਵਰਗੇ ਤੇਜ਼ ਘੋੜਿਆਂ ਦੀ ਸਵਾਰੀ (ਕਈਆਂ ਨੇ ਕਰ ਵੇਖੀ ਹੈ),
7533	179	ਚੋਆ ਚੰਦਨੁ ਸੇਜ ਸੁੰਦਰਿ ਨਾਰੀ॥	(ਚੋਆ) ਅਤਰ	Choaa Chandhan Saej Sundhar Naaree ||	Sandalwood oil, and beautiful women in bed,	ਅਤਰ ਤੇ ਚੰਦਨ (ਵਰਤ ਵੇਖਿਆ ਹੈ), ਸੁੰਦਰ ਇਸਤ੍ਰੀ ਦੀ ਸੇਜ (ਮਾਣ ਵੇਖੀ) ਹੈ,

7534	179	ਨਟ ਨਾਟਿਕ ਆਖਾਰੇ ਗਾਇਆ॥	(ਨਟ) ਨਾਟਕ ਕਰਨ ਵਾਲਾ। (ਆਖਾਰੇ) ਸੰਗੀਤ ਗਾਉਣ ਵਾਲੀ ਥਾਂ	Natt Naattik Aakhaarae Gaaeiaa ||	Actors in dramas, singing in theaters	ਮੈਂ ਰੰਗ-ਭੂਮੀ ਵਿਚ ਨਟਾਂ ਦੇ ਨਾਟਕ ਵੇਖੇ ਹਨ, ਤੇ ਉਹਨਾਂ ਦੇ ਗੀਤ ਗਾਏ ਹੋਏ ਸੁਣੇ ਹਨ।
7535	179	ਤਾ ਮਹਿ ਮਨਿ ਸੰਤੋਖੁ ਨ ਪਾਇਆ॥੨॥		Thaa Mehi Man Santhokh N Paaeiaa ||2||	- but even with them, the mind does not find contentment. ||2||	ਇਹਨਾਂ ਵਿਚ ਰੁੱਝ ਕੇ ਭੀ (ਕਿਸੇ ਦੇ) ਮਨ ਨੇ ਸ਼ਾਂਤੀ ਪ੍ਰਾਪਤ ਨਹੀਂ ਕੀਤੀ ॥੨॥
7536	179	ਤਖਤੁ ਸਭਾ ਮੰਡਨ ਦੋਲੀਚੇ॥	(ਮੰਡਨ) ਸਜਾਵਟ। ਸਭਾ:ਪੋਲਾ ਬੋਲੋ	Thakhath Sabhaa Manddan Dholeechae ||	You may have a throne at the royal court, with beautiful decorations and soft carpets,	ਰਾਜ-ਦਰਬਾਰ ਦੀਆਂ ਸਜਾਵਟਾਂ, ਤਖ਼ਤ (ਉਤੇ ਬੈਠਣਾ), ਦੁਲੀਚੇ,
7537	179	ਸਗਲ ਮੇਵੇ ਸੁੰਦਰ ਬਾਗੀਚੇ॥	(ਬਾਗੀਚੇ) ਬਾਗ	Sagal Maevae Sundhar Baageechae ||	All sorts of luscious fruits and beautiful gardens,	ਸਭ ਕਿਸਮਾਂ ਦੇ ਫਲ, ਸੁੰਦਰ ਫੁਲਵਾੜੀਆਂ,
7538	179	ਆਖੇੜ ਬਿਰਤਿ ਰਾਜਨ ਕੀ ਲੀਲਾ॥	(ਆਖੇੜ) ਸ਼ਿਕਾਰ ਖੇਡਣ ਦੀ (ਬਿਰਤਿ) ਬ੍ਰਿਤੀ, ਰੁਚੀ। (ਲ਼ੀਲਾ) ਚੋਜ	Aakhaerr Birath Raajan Kee Leelaa ||	The excitement of the chase and princely pleasures	ਸ਼ਿਕਾਰ ਖੇਡਣ ਵਾਲੀ ਰੁਚੀ, ਰਾਜਿਆਂ ਦੀਆਂ ਖੇਡਾਂ-
7539	179	ਮਨੁ ਨ ਸੁਹੇਲਾ ਪਰਪੰਚੁ ਹੀਲਾ॥੩॥	(ਸੁਹੇਲਾ) ਸੁਖੀ। (ਪਰਪੰਚੁ) ਸੰਸਾਰ, ਛਲ। (ਹੀੱਲਾ) ਦੁੱਖ	Man N Suhaelaa Parapanch Heelaa ||3||	- but still, the mind is not made happy by such illusory diversions. ||3||	(ਇਹਨਾਂ ਸਭਨਾਂ ਨਾਲ ਭੀ) ਮਨ ਸੁਖੀ ਨਹੀਂ ਹੁੰਦਾ। ਇਹ ਸਾਰਾ ਜਤਨ ਛਲ ਹੀ ਸਾਬਤ ਹੁੰਦਾ ਹੈ ॥੩॥
7540	179	ਕਰਿ ਕਿਰਪਾ ਸੰਤਨ ਸਚੁ ਕਹਿਆ॥		Kar Kirapaa Santhan Sach Kehiaa ||	In their kindness, the Saints have told me of the True One,	(ਦੁਨੀਆ ਦੇ ਰੰਗ-ਤਮਾਸ਼ਿਆਂ ਵਿਚੋਂ ਸੁਖ ਭਾਲਦੇ ਨੂੰ) ਸੰਤਾਂ ਨੇ ਮੇਹਰ ਕਰ ਕੇ ਸੱਚ ਦੱਸਿਆ,

7541	179	ਸਰਬ ਸੂਖ ਇਹੁ ਆਨਦੁ ਲਹਿਆ॥	(ਲਹਿਆ) ਪ੍ਰਾਪਤ ਕੀਤਾ	Sarab Sookh Eihu Aanandh Lehiaa ||	And so I have obtained all comforts and joy.	ਕਿ ਸਾਰੇ ਸੁਖਾਂ ਦਾ ਮੂਲ ਇਹ ਆਤਮਕ ਆਨੰਦ ਤਾਂ ਮਿਲਦਾ ਹੈ,
7542	179	ਸਾਧਸੰਗਿ ਹਰਿ ਕੀਰਤਨੁ ਗਾਈਐ॥		Saadhhasang Har Keerathan Gaaeeai ||	By all sorts of efforts, people do not find salvation.	ਜੇ ਸਾਧ ਸੰਗਤਿ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਏ ਜਾਣ।
7543	179	ਕਹੁ ਨਾਨਕ ਵਡਭਾਗੀ ਪਾਈਐ॥੪॥		Kahu Naanak Vaddabhaagee Paaeeai ||4||	Says Nanak, through great good fortune, I have found this. ||4||	(ਪਰ) ਨਾਨਕ ਆਖਦਾ ਹੈ- ਸਿਫ਼ਤ-ਸਾਲਾਹ ਦੀ ਇਹ ਦਾਤ ਵੱਡੇ ਭਾਗਾਂ ਨਾਲ ਮਿਲਦੀ ਹੈ ॥੪॥
7544	179	ਜਾ ਕੈ ਹਰਿ ਧਨੁ ਸੋਈ ਸੁਹੇਲਾ॥	(ਸੁਹੇਲਾ) ਸੁਖੀ	Jaa Kai Har Dhhan Soee Suhaelaa ||	One who obtains the wealth of the Lord becomes happy.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ-ਧਨ ਮੌਜੂਦ ਹੈ ਉਹੀ ਸੌਖਾ ਹੈ।
7545	179	ਪ੍ਰਭ ਕਿਰਪਾ ਤੇ ਸਾਧਸੰਗਿ ਮੇਲਾ॥੧॥ਰਹਾਉ ਦੂਜਾ॥੧੨॥੮੧॥		Prabh Kirapaa Thae Saadhhasang Maelaa ||1|| Rehaao Dhoojaa ||12||81||	By God's Grace, I have joined the Saadh Sangat. ||1||Second Pause||12||81||	ਸਾਧ ਸੰਗਤਿ ਵਿਚ ਮਿਲ ਬੈਠਣਾ ਪਰਮਾਤਮਾ ਦੀ ਕਿਰਪਾ ਨਾਲ ਹੀ ਨਸੀਬ ਹੁੰਦਾ ਹੈ ॥੧॥ਰਹਾਉ ਦੂਜਾ॥
7546	179	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7547	180	ਪ੍ਰਾਣੀ ਜਾਣੈ ਇਹੁ ਤਨੁ ਮੇਰਾ॥		Praanee Jaanai Eihu Than Maeraa ||	The mortal claims this body as his own.	(ਮਾਇਆ ਦੇ ਮੋਹ ਵਿਚ ਫਸਿਆ) ਮਨੁੱਖ ਸਮਝਦਾ ਹੈ ਕਿ ਇਹ ਸਰੀਰ (ਸਦਾ) ਮੇਰਾ (ਆਪਣਾ ਹੀ ਰਹਿਣਾ) ਹੈ।

7548	180	ਬਹੁਰਿ ਬਹੁਰਿ ਉਆਹੂ ਲਪਟੇਰਾ॥	(ਬਹੁਰਿ) ਫੇਰ। (ਉਆਹੂ) ਉਸ ਸ੍ਰੀਰ ਚ । (ਲਪਟੇਰਾ) ਫਸਦਾ ਹੈ	Bahur Bahur Ouaahoo Lapattaeraa ||	Again and again, he clings to it.	ਮੁੜ ਮੁੜ ਇਸ ਸਰੀਰ ਨਾਲ ਹੀ ਚੰਬੜਦਾ ਹੈ।
7549	180	ਪੁਤ੍ਰ ਕਲਤ੍ਰ ਗਿਰਸਤ ਕਾ ਫਾਸਾ॥	ਕ-ਲੱਤ੍ਰ। ਗਿ-ਰਸਤ।	Puthr Kalathr Girasath Kaa Faasaa ||	He is entangled with his children, his wife and household affairs.	ਜਿਤਨਾ ਚਿਰ ਪੁੱਤਰ ਇਸਤ੍ਰੀ ਗ੍ਰਿਹਸਤ (ਦੇ ਮੋਹ) ਦਾ ਫਾਹਾ (ਗਲ ਵਿਚ ਪਿਆ ਰਹਿੰਦਾ) ਹੈ,
7550	180	ਹੋਨੁ ਨ ਪਾਈਐ ਰਾਮ ਕੇ ਦਾਸਾ॥੧॥		Hon N Paaeeai Raam Kae Dhaasaa ||1||	He cannot be the slave of the Lord. ||1||	ਪਰਮਾਤਮਾ ਦਾ ਸੇਵਕ ਬਣ ਨਹੀਂ ਸਕੀਦਾ ॥੧॥
7551	180	ਕਵਨ ਸੁ ਬਿਧਿ ਜਿਤੁ ਰਾਮ ਗੁਣ ਗਾਇ॥		Kavan S Bidhh Jith Raam Gun Gaae ||	- just so, chanting the Name, the mind becomes peaceful. ||2||	(ਹੇ ਭਾਈ!) ਉਹ ਕੇਹੜਾ ਤਰੀਕਾ ਹੈ ਜਿਸ ਨਾਲ ਮਨੁੱਖ ਪਰਮਾਤਮਾ ਦੇ ਗੁਣ ਗਾ ਸਕਦਾ ਹੈ?
7552	180	ਕਵਨ ਸੁ ਮਤਿ ਜਿਤੁ ਤਰੈ ਇਹ ਮਾਇ॥੧॥ਰਹਾਉ॥		Kavan S Math Jith Tharai Eih Maae ||1|| Rehaao ||	What is that intellect, by which this person might swim across, O mother? ||1||Pause||	ਉਹ ਕੇਹੜੀ ਸਿੱਖ-ਮਤਿ ਹੈ ਜਿਸ ਦੀ ਰਾਹੀਂ ਮਨੁੱਖ ਇਸ ਮਾਇਆ (ਦੇ ਪ੍ਰਭਾਵ) ਤੋਂ ਪਾਰ ਲੰਘ ਸਕਦਾ ਹੈ? ॥੧॥ ਰਹਾਉ ॥
7553	180	ਜੋ ਭਲਾਈ ਸੋ ਬੁਰਾ ਜਾਨੈ॥		Jo Bhalaaee So Buraa Jaanai ||	That which is for his own good, he thinks is evil.	ਜੇਹੜਾ ਕੰਮ ਇਸ ਦੀ ਭਲਾਈ (ਦਾ) ਹੈ ਉਸ ਨੂੰ ਭੈੜਾ ਸਮਝਦਾ ਹੈ।
7554	180	ਸਾਚੁ ਕਹੈ ਸੋ ਬਿਖੈ ਸਮਾਨੈ॥		Saach Kehai So Bikhai Samaanai ||	If someone tells him the truth, he looks upon that as poison.	ਜੇ ਕੋਈ ਇਸ ਨੂੰ ਸੱਚ ਆਖੇ, ਉਹ ਇਸ ਨੂੰ ਜ਼ਹਰ ਵਰਗਾ ਲੱਗਦਾ ਹੈ।

7555	180	ਜਾਨੈ ਨਾਹੀ ਜੀਤ ਅਰੁ ਹਾਰ॥		Jaanai Naahee Jeeth Ar Haar ||	He cannot tell victory from defeat.	ਇਹ ਨਹੀਂ ਸਮਝਦਾ ਹੈ ਕਿ ਕੇਹੜਾ ਕੰਮ ਜੀਵਨ-ਬਾਜ਼ੀ ਦੀ ਜਿੱਤ ਵਾਸਤੇ ਹੈ ਤੇ ਕੇਹੜਾ ਹਾਰ ਵਾਸਤੇ।
7556	180	ਇਹੁ ਵਲੇਵਾ ਸਾਕਤ ਸੰਸਾਰ॥੨॥	(ਵਲੇਵਾ) ਵਰਤੋਂ ਵਿਹਾਰ	Eihu Valaevaa Saakath Sansaar ||2||	This is the way of life in the world of the faithless cynic. ||2||	ਮਾਇਆ-ਵੇੜ੍ਹੇ ਸੰਸਾਰ ਦਾ ਇਹ ਵਰਤਣ-ਵਿਹਾਰ ਹੈ ॥੨॥
7557	180	ਜੋ ਹਲਾਹਲ ਸੋ ਪੀਵੈ ਬਉਰਾ॥	ਨਿੰਦਾ, ਔਗੁਣ, ਬੱਜਰ ਪਾਪਾਂ ਰੂਪੀ (ਹਲਾਹਲ) ਜ਼ਹਿਰ। (ਬਉਰਾ) ਕਮਲ਼ਾ। ਹਲਾਹਲ: ਪੋਲਾ ਬੋਲੋ	Jo Halaahal So Peevai Bouraa ||	The demented fool drinks in the deadly poison,	ਜੇਹੜਾ ਜ਼ਹਰ ਹੈ ਉਸ ਨੂੰ ਮਾਇਆ-ਗ੍ਰਸਿਆ ਮਨੁੱਖ (ਖ਼ੁਸ਼ੀ ਨਾਲ) ਪੀਂਦਾ ਹੈ।
7558	180	ਅੰਮ੍ਰਿਤੁ ਨਾਮੁ ਜਾਨੈ ਕਰਿ ਕਉਰਾ॥		Anmrith Naam Jaanai Kar Kouraa ||	While he believes the Ambrosial Naam to be bitter.	ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ, ਇਸ ਨੂੰ ਮਨੁੱਖ ਕੌੜਾ ਜਾਣਦਾ ਹੈ।
7559	180	ਸਾਧਸੰਗ ਕੈ ਨਾਹੀ ਨੇਰਿ॥		Saadhhasang Kai Naahee Naer ||	He does not even approach the Saadh Sangat, the Company of the Holy;	(ਮਾਇਆ-ਗ੍ਰਸਿਆ ਮਨੁੱਖ) ਸਾਧ ਸੰਗਤਿ ਦੇ ਨੇੜੇ ਨਹੀਂ ਢੁਕਦਾ।
7560	180	ਲਖ ਚਉਰਾਸੀਹ ਭ੍ਰਮਤਾ ਫੇਰਿ॥੩॥	ਭ੍ਰਮ-ਤਾ: ਅੱਧਾ ਰਾਰਾ ਪੋਲਾ ਬੋਲੋ	Lakh Chouraaseeh Bhramathaa Faer ||3||	He wanders lost through 8.4 million incarnations. ||3||	(ਇਸ ਤਰ੍ਹਾਂ) ਚੌਰਾਸੀ ਲੱਖ ਜੂਨਾਂ ਦੇ ਗੇੜ ਵਿਚ ਭਟਕਦਾ ਫਿਰਦਾ ਹੈ ॥੩॥

7561	180	ਏਕੈ ਜਾਲਿ ਫਹਾਏ ਪੰਖੀ॥	(ਫਹਾਏ) ਫਸਦੇ	Eaekai Jaal Fehaaeae Pankhee ||	The birds are caught in the net of Maya;	ਜੀਵ-ਪੰਛੀ ਇਕ ਮਾਇਆ ਦੇ ਜਾਲ ਵਿਚ ਹੀ (ਪਰਮਾਤਮਾ ਨੇ) ਫਸਾਏ ਹੋਏ ਹਨ।
7562	180	ਰਸਿ ਰਸਿ ਭੋਗ ਕਰਹਿ ਬਹੁ ਰੰਗੀ॥		Ras Ras Bhog Karehi Bahu Rangee ||	Immersed in the pleasures of love, they frolic in so many ways.	ਸੁਆਦ ਲਾ ਲਾ ਕੇ ਇਹ ਅਨੇਕਾਂ ਰੰਗਾਂ ਦੇ ਭੋਗ ਭੋਗਦੇ ਰਹਿੰਦੇ ਹਨ।
7563	180	ਕਹੁ ਨਾਨਕ ਜਿਸੁ ਭਏ ਕ੍ਰਿਪਾਲ॥		Kahu Naanak Jis Bheae Kirapaal ||	Says Nanak, the Perfect Guru has cut away the noose from those,	ਨਾਨਕ ਆਖਦਾ ਹੈ- ਜਿਸ ਮਨੁੱਖ ਉਤੇ ਪਰਮਾਤਮਾ ਕਿਰਪਾਲ ਹੁੰਦਾ ਹੈ,
7564	180	ਗੁਰਿ ਪੂਰੈ ਤਾ ਕੇ ਕਾਟੇ ਜਾਲ॥੪॥੧੩॥੮੨॥		Gur Poorai Thaa Kae Kaattae Jaal ||4||13||82||	Unto whom the Lord has shown His Mercy. ||4||13||82||	ਪੂਰੇ ਗੁਰੂ ਨੇ ਉਸ ਮਨੁੱਖ ਦੇ (ਮਾਇਆ ਦੇ ਮੋਹ ਦੇ) ਫਾਹੇ ਕੱਟ ਦਿੱਤੇ ਹਨ ॥੪॥੧੩॥੮੨॥
7565	180	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7566	180	ਤਉ ਕਿਰਪਾ ਤੇ ਮਾਰਗੁ ਪਾਈਐ॥		Tho Kirapaa Thae Maarag Paaeeai ||	By Your Grace, we find the Way.	(ਹੇ ਪ੍ਰਭੂ!) ਤੇਰੀ ਕਿਰਪਾ ਨਾਲ (ਜੀਵਨ ਦਾ ਸਹੀ) ਰਸਤਾ ਲੱਭਦਾ ਹੈ।
7567	180	ਪ੍ਰਭ ਕਿਰਪਾ ਤੇ ਨਾਮੁ ਧਿਆਈਐ॥		Prabh Kirapaa Thae Naam Dhhiaaeeai ||	Their bodies are cursed, and their wealth is cursed - they are imbued with Maya. ||1||Pause||	(ਹੇ ਭਾਈ!) ਪ੍ਰਭੂ ਦੀ ਕਿਰਪਾ ਨਾਲ (ਪ੍ਰਭੂ ਦਾ) ਨਾਮ ਸਿਮਰੀਦਾ ਹੈ।

7568	180	ਪ੍ਰਭੁ ਕਿਰਪਾ ਤੇ ਬੰਧਨ ਛੁਟੈ॥		Prabh Kirapaa Thae Bandhhan Shhuttai ||	The servant carries the bags of money on his head,	(ਇਸ ਤਰ੍ਹਾਂ) ਪ੍ਰਭੂ ਦੀ ਕਿਰਪਾ ਨਾਲ ਮਾਇਆ ਦੇ ਬੰਧਨਾਂ ਦਾ ਜਾਲ ਟੁੱਟ ਜਾਂਦਾ ਹੈ।
7569	180	ਤਉ ਕਿਰਪਾ ਤੇ ਹਉਮੈ ਤੁਟੈ॥੧॥		Tho Kirapaa Thae Houmai Thuttai ||1||	By Your Grace, egotism is eradicated. ||1||	ਹੇ ਪ੍ਰਭੂ! ਤੇਰੀ ਕਿਰਪਾ ਨਾਲ (ਸਾਡੀ ਜੀਵਾਂ ਦੀ) ਹਉਮੈ ਦੂਰ ਹੁੰਦੀ ਹੈ ॥੧॥
7570	180	ਤੁਮ ਲਾਵਹੁ ਤਉ ਲਾਗਹ ਸੇਵ॥		Thum Laavahu Tho Laageh Saev ||	As You assign me, so I take to Your service.	ਹੇ ਪ੍ਰਕਾਸ਼-ਰੂਪ ਪ੍ਰਭੂ! ਸਾਥੋਂ (ਜੀਵਾਂ ਪਾਸੋਂ ਸਾਡੇ ਆਪਣੇ ਉੱਦਮ ਨਾਲ ਤੇਰੀ ਸੇਵਾ-ਭਗਤੀ) ਕੁਝ ਭੀ ਨਹੀਂ ਹੋ ਸਕਦੀ।
7571	180	ਹਮ ਤੇ ਕਛੂ ਨ ਹੋਵੈ ਦੇਵ॥੧॥ਰਹਾਉ॥	(ਦੇਵ) ਪ੍ਰਕਾਸ਼ ਸਰੂਪ ਬ੍ਰਹਮ ਜੀ	Ham Thae Kashhoo N Hovai Dhaev ||1|| Rehaao ||	By myself, I cannot do anything at all, O Divine Lord. ||1||Pause||	ਤੂੰ (ਆਪ ਹੀ ਸਾਨੂੰ) ਸੇਵਾ-ਭਗਤੀ ਵਿਚ ਲਾਵੇਂ ਤਾਂ ਅਸੀਂ ਲੱਗ ਸਕਦੇ ਹਾਂ ॥੧॥ ਰਹਾਉ ॥
7572	180	ਤੁਧੁ ਭਾਵੈ ਤਾ ਗਾਵਾ ਬਾਣੀ॥		Thudhh Bhaavai Thaa Gaavaa Baanee ||	If it pleases You, then I sing the Word of Your Bani.	(ਹੇ ਪ੍ਰਭੂ!) ਜੇ ਤੈਨੂੰ ਚੰਗਾ ਲੱਗੇ ਤਾਂ ਮੈਂ ਤੇਰੀ ਸਿਫ਼ਤ-ਸਾਲਾਹ ਦੀ ਬਾਣੀ ਗਾ ਸਕਦਾ ਹਾਂ।
7573	180	ਤੁਧੁ ਭਾਵੈ ਤਾ ਸਚੁ ਵਖਾਣੀ॥	(ਵਖਾਣੀ) ਜਪਾਂ	Thudhh Bhaavai Thaa Sach Vakhaanee ||	If it pleases You, then I speak the Truth.	ਤੈਨੂੰ ਪਸੰਦ ਆਵੇ ਤਾਂ ਮੈਂ ਤੇਰਾ ਸਦਾ-ਥਿਰ ਰਹਿਣ ਵਾਲਾ ਨਾਮ ਉਚਾਰ ਸਕਦਾ ਹਾਂ।
7574	180	ਤੁਧੁ ਭਾਵੈ ਤਾ ਸਤਿਗੁਰ ਮਇਆ॥	(ਮਇਆ) ਕ੍ਰਿਪਾ	Thudhh Bhaavai Thaa Sathigur Maeiaa ||	If it pleases You, then the True Guru showers His Mercy upon me.	(ਹੇ ਪ੍ਰਭੂ!) ਤੈਨੂੰ ਚੰਗਾ ਲੱਗੇ ਤਾਂ (ਜੀਵਾਂ ਉਤੇ) ਗੁਰੂ ਦੀ ਕਿਰਪਾ ਹੁੰਦੀ ਹੈ।

7575	180	ਸਰਬ ਸੁਖਾ ਪ੍ਰਭ ਤੇਰੀ ਦਇਆ॥੨॥		Sarab Sukhaa Prabh Thaeree Dhaeiaa ||2||	All peace comes by Your Kindness, God. ||2||	ਹੇ ਪ੍ਰਭੂ! ਸਾਰੇ ਸੁਖ ਤੇਰੀ ਮਿਹਰ ਵਿਚ ਹੀ ਹਨ ॥੨॥
7576	180	ਜੋ ਤੁਧੁ ਭਾਵੈ ਸੋ ਨਿਰਮਲ ਕਰਮਾ॥	(ਨਿਰਮਲ) ਪਵਿੱਤ੍ਰ। (ਕਰਮਾ) ਕੰਮ	Jo Thudhh Bhaavai So Niramal Karamaa ||	Whatever pleases You is a pure action of karma.	ਹੇ ਪ੍ਰਭੂ! ਜੇਹੜਾ ਕੰਮ ਤੈਨੂੰ ਚੰਗਾ ਲੱਗ ਜਾਏ ਉਹੀ ਪਵਿਤ੍ਰ ਹੈ।
7577	180	ਜੋ ਤੁਧੁ ਭਾਵੈ ਸੋ ਸਚੁ ਧਰਮਾ॥		Jo Thudhh Bhaavai So Sach Dhharamaa ||	Whatever pleases You is the true faith of Dharma.	ਜੇਹੜੀ ਜੀਵਨ-ਮਰਯਾਦਾ ਤੈਨੂੰ ਪਸੰਦ ਆ ਜਾਏ ਉਹੀ ਅਟੱਲ ਮਰਯਾਦਾ ਹੈ।
7578	180	ਸਰਬ ਨਿਧਾਨ ਗੁਣ ਤੁਮ ਹੀ ਪਾਸਿ॥	(ਨਿਧਾਨ) ਖਜ਼ਾਨੇ	Sarab Nidhhaan Gun Thum Hee Paas ||	The treasure of all excellence is with You.	ਹੇ ਪ੍ਰਭੂ! ਸਾਰੇ ਖ਼ਜ਼ਾਨੇ ਸਾਰੇ ਗੁਣ ਤੇਰੇ ਹੀ ਵੱਸ ਵਿਚ ਹਨ।
7579	180	ਤੂੰ ਸਾਹਿਬੁ ਸੇਵਕ ਅਰਦਾਸਿ॥੩॥		Thoon Saahib Saevak Aradhaas ||3||	Your servant prays to You, O Lord and Master. ||3||	ਤੂੰ ਹੀ ਮੇਰਾ ਮਾਲਕ ਹੈਂ, ਮੈਂ ਸੇਵਕ ਦੀ (ਤੇਰੇ ਅੱਗੇ ਹੀ) ਅਰਦਾਸ ਹੈ ॥੩॥
7580	180	ਮਨੁ ਤਨੁ ਨਿਰਮਲੁ ਹੋਇ ਹਰਿ ਰੰਗਿ॥		Man Than Niramal Hoe Har Rang ||	Gauree Gwaarayree, Fifth Mehl:	(ਹੇ ਭਾਈ!) ਪਰਮਾਤਮਾ ਦੇ ਪਿਆਰ ਵਿਚ (ਟਿਕੇ ਰਿਹਾਂ) ਮਨ ਪਵਿਤ੍ਰ ਹੋ ਜਾਂਦਾ ਹੈ।
7581	180	ਸਰਬ ਸੁਖਾ ਪਾਵਉ ਸਤਸੰਗਿ॥		Sarab Sukhaa Paavo Sathasang ||	All peace is found in the Sat Sangat, the True Congregation.	ਸਾਧ ਸੰਗਤਿ ਵਿਚ ਟਿਕੇ ਰਿਹਾਂ (ਮੈਨੂੰ ਇਉਂ ਪ੍ਰਤੀਤ ਹੁੰਦਾ ਹੈ ਕਿ) ਮੈਂ ਸਾਰੇ ਸੁਖ ਲੱਭ ਲੈਂਦਾ ਹਾਂ।
7582	180	ਨਾਮਿ ਤੇਰੈ ਰਹੈ ਮਨੁ ਰਾਤਾ॥	(ਰਾਤਾ) ਲੀਨ	Naam Thaerai Rehai Man Raathaa ||	My mind remains attuned to Your Name;	(ਹੇ ਪ੍ਰਭੂ! ਜਿਸ ਮਨੁੱਖ ਦਾ) ਮਨ ਤੇਰੇ ਨਾਮ ਵਿਚ ਰੰਗਿਆ ਜਾਂਦਾ ਹੈ,

7583	180	ਇਹੁ ਕਲਿਆਣੁ ਨਾਨਕ ਕਰਿ ਜਾਤਾ॥੪॥੧੪॥੮੩॥	(ਕਲਿਆਣੁ) ਮੁਕਤੀ	Eihu Kaliaan Naanak Kar Jaathaa ||4||14||83||	Nanak affirms this as his greatest pleasure. ||4||14||83||	ਹੇ ਨਾਨਕ! ਉਹ ਇਸੇ ਨੂੰ ਹੀ ਸ੍ਰੇਸ਼ਟ ਆਨੰਦ ਕਰ ਕੇ ਸਮਝਦਾ ਹੈ ॥੪॥੧੪॥੮੩॥
7584	180	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7585	180	ਆਨ ਰਸਾ ਜੇਤੇ ਤੈ ਚਾਖੇ॥	(ਆਨ) ਹੋਰ	Aan Rasaa Jaethae Thai Chaakhae ||	You may taste the other flavors,	(ਹੇ ਮੇਰੀ ਜੀਭ! ਪਰਮਾਤਮਾ ਦੇ ਨਾਮ-ਰਸ ਤੋਂ ਬਿਨਾ) ਹੋਰ ਜਿਤਨੇ ਭੀ ਰਸ ਤੂੰ ਚੱਖਦੀ ਰਹਿੰਦੀ ਹੈ,
7586	180	ਨਿਮਖ ਨ ਤ੍ਰਿਸਨਾ ਤੇਰੀ ਲਾਥੇ॥		Nimakh N Thrisanaa Thaeree Laathhae ||	But your thirst shall not depart, even for an instant.	(ਉਹਨਾਂ ਨਾਲ) ਤੇਰੀ ਤ੍ਰਿਸ਼ਨਾ ਅੱਖ ਦੇ ਝਮਕਣ ਸਮੇ ਤਕ ਭੀ ਨਹੀਂ ਦੂਰ ਹੁੰਦੀ।
7587	180	ਹਰਿ ਰਸ ਕਾ ਤੂੰ ਚਾਖਹਿ ਸਾਦੁ॥		Har Ras Kaa Thoon Chaakhehi Saadh ||	You may have horses as fast as the wind, elephants to ride on,	ਜੇ ਤੂੰ ਪਰਮਾਤਮਾ ਦੇ ਨਾਮ-ਰਸ ਦਾ ਸੁਆਦ ਚੱਖੇਂ,
7588	180	ਚਾਖਤ ਹੋਇ ਰਹਹਿ ਬਿਸਮਾਦੁ॥੧॥		Chaakhath Hoe Rehehi Bisamaadh ||1||	- upon tasting it, you shall be wonder-struck and amazed. ||1||	ਚੱਖਦਿਆਂ ਹੀ ਤੂੰ (ਉਸ ਵਿਚ) ਮਸਤ ਹੋ ਜਾਏਂ ॥੧॥
7589	180	ਅੰਮ੍ਰਿਤੁ ਰਸਨਾ ਪੀਉ ਪਿਆਰੀ॥		Anmrith Rasanaa Peeo Piaaree ||	O dear beloved tongue, drink in the Ambrosial Nectar.	ਹੇ (ਮੇਰੀ) ਪਿਆਰੀ ਜੀਭ! ਤੂੰ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀ।

7590	180	ਇਹ ਰਸ ਰਾਤੀ ਹੋਇ ਤ੍ਰਿਪਤਾਰੀ॥੧॥ਰਹਾਉ॥	(ਤ੍ਰਿਪਤਾਰੀ) ਤ੍ਰਿਪਤ	Eih Ras Raathee Hoe Thripathaaree ||1|| Rehaao ||	Imbued with this sublime essence, you shall be satisfied. ||1||Pause||	ਜੇਹੜੀ ਜੀਭ ਇਸ ਨਾਮ-ਰਸ ਵਿਚ ਮਸਤ ਹੋ ਜਾਂਦੀ ਹੈ, ਉਹ (ਹੋਰ ਰਸਾਂ ਵਲੋਂ) ਸੰਤੁਸ਼ਟ ਹੋ ਜਾਂਦੀ ਹੈ ॥੧॥ ਰਹਾਉ ॥
7591	180	ਹੇ ਜਿਹਵੇ ਤੂੰ ਰਾਮ ਗੁਣ ਗਾਉ॥	(ਜਿਹਵੇ) ਜ਼ੁਬਾਨ	Hae Jihavae Thoon Raam Gun Gaao ||	O tongue, sing the Glorious Praises of the Lord.	ਹੇ (ਮੇਰੀ) ਜੀਭ! ਤੂੰ ਪਰਮਾਤਮਾ ਦੇ ਗੁਣ ਗਾ, ਪਲ ਪਲ ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰ।
7592	180	ਨਿਮਖ ਨਿਮਖ ਹਰਿ ਹਰਿ ਹਰਿ ਧਿਆਉ॥		Nimakh Nimakh Har Har Har Dhhiaao ||	Each and every moment, meditate on the Lord, Har, Har, Har.	(ਜੇ ਦੁਨੀਆ ਦੇ ਰਸਾਂ ਵਲੋਂ ਸੰਤੁਸ਼ਟ ਹੋਣਾ ਹੈ, ਤਾਂ ਪਰਮਾਤਮਾ ਦੀ ਸਿਫ਼ਤ-ਸਾਲਾਹ ਤੋਂ ਬਿਨਾ) ਹੋਰ (ਫਿੱਕੇ ਬੋਲ) ਨਹੀਂ ਸੁਣਨੇ ਚਾਹੀਦੇ।
7593	180	ਆਨ ਨ ਸੁਨੀਐ ਕਤਹੂੰ ਜਾਈਐ॥		Aan N Suneeai Kathehoon Jaaeeai ||	Do not listen to any other, and do not go anywhere else.	(ਸਾਧ ਸੰਗਤਿ ਤੋਂ ਬਿਨਾ) ਹੋਰ ਕਿਤੇ (ਵਿਕਾਰ ਪੈਦਾ ਕਰਨ ਵਾਲੇ ਥਾਂਵਾਂ ਤੇ) ਨਹੀਂ ਜਾਣਾ ਚਾਹੀਦਾ।
7594	180	ਸਾਧਸੰਗਤਿ ਵਡਭਾਗੀ ਪਾਈਐ॥੨॥		Saadhhasangath Vaddabhaagee Paaeeai ||2||	By great good fortune, you shall find the Saadh Sangat, the Company of the Holy. ||2||	(ਪਰ) ਸਾਧ ਸੰਗਤਿ ਵੱਡੇ ਭਾਗਾਂ ਨਾਲ ਹੀ ਮਿਲਦੀ ਹੈ ॥੨॥
7595	180	ਆਠ ਪਹਰ ਜਿਹਵੇ ਆਰਾਧਿ॥		Aath Pehar Jihavae Aaraadhh ||	Twenty-four hours a day, O tongue, dwell upon God,	ਹੇ (ਮੇਰੀ) ਜੀਭ! ਅੱਠੇ ਪਹਰ ਸਿਮਰਨ ਕਰ,

7596	180	ਪਾਰਬ੍ਰਹਮ ਠਾਕੁਰ ਆਗਾਧਿ॥	(ਆਗਾਧਿ) ਬੇਅੰਤ	Paarabreham Thaakur Aagaadhh ||	The Unfathomable, Supreme Lord and Master.	ਅਥਾਹ (ਗੁਣਾਂ ਵਾਲੇ) ਠਾਕੁਰ ਪਾਰਬ੍ਰਹਮ ਦਾ।
7597	180	ਈਹਾ ਊਹਾ ਸਦਾ ਸੁਹੇਲੀ॥	(ਸੁਹੇਲੀ) ਸੁਖੀ	Eehaa Oohaa Sadhaa Suhaelee ||	Here and hereafter, you shall be happy forever.	(ਸਿਮਰਨ ਕਰਨ ਵਾਲੇ ਦੀ ਜ਼ਿੰਦਗੀ) ਇਸ ਲੋਕ ਤੇ ਪਰਲੋਕ ਵਿਚ ਸਦਾ ਸੁਖੀ ਹੋ ਜਾਂਦੀ ਹੈ।
7598	180	ਹਰਿ ਗੁਣ ਗਾਵਤ ਰਸਨ ਅਮੋਲੀ॥੩॥	(ਅਮੋਲੀ) ਅਮੋਲਕ	Har Gun Gaavath Rasan Amolee ||3||	Chanting the Glorious Praises of the Lord, O tongue, you shall become priceless. ||3||	ਪਰਮਾਤਮਾ ਦੇ ਗੁਣ ਗਾਂਦਿਆਂ ਜੀਭ ਬੜੀ ਕੀਮਤ ਵਾਲੀ ਬਣ ਜਾਂਦੀ ਹੈ ॥੩॥
7599	180	ਬਨਸਪਤਿ ਮਉਲੀ ਫਲ ਫੁਲ ਪੇਡੇ॥	(ਮਉੱਲੀ) ਪ੍ਰਫੁੱਲਤ। (ਪੇੱਡੇ) ਦਰਖਤਾਂ। ਬ-ਨਸ-ਪਤਿ: ਪੋਲਾ ਬੋਲੋ	Banasapath Moulee Fal Ful Paeddae ||	All the vegetation will blossom forth for you, flowering in fruition;	(ਇਹ ਠੀਕ ਹੈ ਕਿ ਪਰਮਾਤਮਾ ਦੀ ਕੁਦਰਤਿ ਵਿਚ ਸਾਰੀ) ਬਨਸਪਤੀ ਖਿੜੀ ਰਹਿੰਦੀ ਹੈ, ਰੁੱਖਾਂ ਬੂਟਿਆਂ ਨੂੰ ਫੁੱਲ ਫਲ ਲੱਗੇ ਹੁੰਦੇ ਹਨ,
7600	180	ਇਹ ਰਸ ਰਾਤੀ ਬਹੁਰਿ ਨ ਛੋਡੇ॥		Eih Ras Raathee Bahur N Shhoddae ||	Imbued with this sublime essence, you shall never leave it again.	ਪਰ ਜਿਸ ਮਨੁੱਖ ਦੀ ਜੀਭ ਨਾਮ-ਰਸ ਵਿਚ ਮਸਤ ਹੈ ਉਹ (ਬਾਹਰ-ਦਿੱਸਦੀ ਸੁੰਦਰਤਾ ਨੂੰ ਤੱਕ ਕੇ ਨਾਮ-ਰਸ ਨੂੰ) ਕਦੇ ਨਹੀਂ ਛੱਡਦਾ।
7601	180	ਆਨ ਨ ਰਸ ਕਸ ਲਵੈ ਨ ਲਾਈ॥	(ਆਨ) ਹੋਰ। (ਕਸ) ਅਰਕ ਸ਼ਰਾਬ ਆਦਿ। (ਲਵੈ) ਬਰਾਬਰ। (ਦੂਜਾ ਪਾਠ: ਆਨਨ)	Aan N Ras Kas Lavai N Laaee ||	No other sweet and tasty flavors can compare to it.	(ਉਸ ਦੀਆਂ ਨਜ਼ਰਾਂ ਵਿਚ ਦੁਨੀਆ ਵਾਲੇ) ਹੋਰ ਕਿਸਮ ਕਿਸਮ ਦੇ ਰਸ (ਪਰਮਾਤਮਾ ਦੇ ਨਾਮ-ਰਸ ਦੀ) ਬਰਾਬਰੀ ਨਹੀਂ ਕਰ ਸਕਦੇ,

7602	180	ਕਹੁ ਨਾਨਕ ਗੁਰ ਭਏ ਹੈ ਸਹਾਈ॥੪॥੧੫॥੮੪॥	(ਸਹਾਈ) ਸਹਾਇਕ	Kahu Naanak Gur Bheae Hai Sehaaee ||4||15||84||	Says Nanak, the Guru has become my Support. ||4||15||84||	ਨਾਨਕ ਆਖਦਾ ਹੈ- ਜਿਸ ਮਨੁੱਖ ਦਾ ਸਹਾਈ ਸਤਿਗੁਰੂ ਬਣਦਾ ਹੈ ॥੪॥੧੫॥੮੪॥
7603	180	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7604	180	ਮਨੁ ਮੰਦਰੁ ਤਨੁ ਸਾਜੀ ਬਾਰਿ॥	(ਬਾਰਿ) ਵਾੜ	Man Mandhar Than Saajee Baar ||	The mind is the temple, and the body is the fence built around it.	(ਪਰਮਾਤਮਾ ਸ਼ਾਹ ਨੇ ਆਪਣੇ ਰਹਿਣ ਵਾਸਤੇ ਮਨੁੱਖ ਦੇ) ਮਨ ਨੂੰ ਸੋਹਣਾ ਘਰ ਬਣਾਇਆ ਹੋਇਆ ਹੈ ਤੇ ਮਨੁੱਖਾ ਸਰੀਰ ਨੂੰ (ਭਾਵ, ਗਿਆਨ-ਇੰਦ੍ਰਿਆਂ ਨੂੰ, ਉਸ ਘਰ ਦੀ ਰਾਖੀ ਲਈ) ਵਾੜ ਬਣਾਇਆ ਹੈ।
7605	181	ਇਸ ਹੀ ਮਧੇ ਬਸਤੁ ਅਪਾਰ॥	ਮਧੇ:ਪੋਲਾ ਬੋਲੋ। (ਮਧੇ) ਵਿੱਚ	Eis Hee Madhhae Basath Apaar ||	The infinite substance is within it.	ਇਸ ਮਨ-ਮੰਦਰ ਦੇ ਅੰਦਰ ਹੀ ਬੇਅੰਤ ਪ੍ਰਭੂ ਦੀ ਨਾਮ-ਪੂੰਜੀ ਹੈ।
7606	181	ਇਸ ਹੀ ਭੀਤਰਿ ਸੁਨੀਅਤ ਸਾਹੁ॥	(ਭੀਤਰਿ) ਵਿੱਚ। (ਸਾਹੁ) ਪਾਤਸ਼ਾਹ	Eis Hee Bheethar Suneeath Saahu ||	Within it, the great merchant is said to dwell.	ਇਸ ਮਨ-ਮੰਦਰ ਦੇ ਵਿਚ ਹੀ ਉਹ ਪ੍ਰਭੂ-ਸ਼ਾਹ ਵੱਸਦਾ ਸੁਣੀਦਾ ਹੈ।
7607	181	ਕਵਨੁ ਬਾਪਾਰੀ ਜਾ ਕਾ ਊਹਾ ਵਿਸਾਹੁ॥੧॥	(ਵਿਸਾਹੁ) ਭਰੋਸਾ	Kavan Baapaaree Jaa Kaa Oohaa Visaahu ||1||	Who is the trader who deals there? ||1||	ਕੋਈ ਵਿਰਲਾ ਨਾਮ-ਵਣਜਾਰਾ ਹੈ, ਜਿਸ ਦਾ ਉਸ ਸ਼ਾਹ ਦੀ ਹਜ਼ੂਰੀ ਵਿਚ ਇਤਬਾਰ ਬਣਿਆ ਹੋਇਆ ਹੈ ॥੧॥

7608	181	ਨਾਮ ਰਤਨ ਕੋ ਕੋ ਬਿਉਹਾਰੀ॥	(ਬਿਉਹਾਰੀ) ਵਪਾਰੀ	Naam Rathan Ko Ko Biouhaaree ||	How rare is that trader who deals in the jewel of the Naam, the Name of the Lord.	ਜੇਹੜਾ ਕੋਈ ਪਰਮਾਤਮਾ ਦੇ ਨਾਮ-ਰਤਨ ਦਾ (ਅਸਲ) ਵਪਾਰੀ ਹੈ,
7609	181	ਅੰਮ੍ਰਿਤ ਭੋਜਨੁ ਕਰੇ ਆਹਾਰੀ॥੧॥ਰਹਾਉ ॥	(ਆਹਾਰੀ) ਭੋਜਨ ਛਕਣ ਵਾਲਾ	Anmrith Bhojan Karae Aahaaree ||1|| Rehaao ||	He takes the Ambrosial Nectar as his food. ||1||Pause||	ਉਹ ਆਤਮਕ ਜੀਵਨ ਦੇਣ ਵਾਲੇ ਨਾਮ-ਭੋਜਨ ਨੂੰ ਆਪਣੀ ਜ਼ਿੰਦਗੀ ਦਾ ਆਹਾਰ ਬਣਾਂਦਾ ਹੈ ॥੧॥ ਰਹਾਉ ॥
7610	181	ਮਨੁ ਤਨੁ ਅਰਪੀ ਸੇਵ ਕਰੀਜੈ॥		Man Than Arapee Saev Kareejai ||	He dedicates his mind and body to serving the Lord.	ਮੈਂ ਆਪਣਾ ਮਨ ਤਨ ਉਸ ਦੀ ਭੇਟ ਕਰਦਾ ਹਾਂ, ਉਸ ਦੀ ਸੇਵਾ ਕਰਨ ਨੂੰ ਤਿਆਰ ਹਾਂ।
7611	181	ਕਵਨ ਸੁ ਜੁਗਤਿ ਜਿਤੁ ਕਰਿ ਭੀਜੈ॥	(ਭੀਜੈ) ਪ੍ਰਸੰਨ ਹੋਣ	Kavan S Jugath Jith Kar Bheejai ||	How can we please the Lord?	ਉਹ ਕੇਹੜਾ (ਵਿਰਲਾ ਪ੍ਰਭੂ ਦਾ) ਸੇਵਕ ਹੈ ਜੋ (ਮੈਨੂੰ ਭੀ) ਨਾਮ ਦਾ ਸੌਦਾ ਕਰਾ ਦੇਵੇ?
7612	181	ਪਾਇ ਲਗਉ ਤਜਿ ਮੇਰਾ ਤੇਰੈ॥	(ਤਜਿ) ਛੱਡ। ਲੱਗਉ	Paae Lago Thaj Maeraa Thaerai ||	This is the way of life in the world of the faithless cynic. ||2||	ਮੇਰ-ਤੇਰ ਛੱਡ ਕੇ ਮੈਂ ਉਸ ਦੀ ਪੈਰੀਂ ਲੱਗਦਾ ਹਾਂ।
7613	181	ਕਵਨੁ ਸੁ ਜਨੁ ਜੋ ਸਉਦਾ ਜੋਰੈ॥੨॥		Kavan S Jan Jo Soudhaa Jorai ||2||	Who can settle this bargain? ||2||	(ਮੈਂ ਉਸ ਹਰਿ-ਜਨ ਪਾਸੋਂ ਪੁੱਛਣਾ ਚਾਹੁੰਦਾ ਹਾਂ ਕਿ) ਉਹ ਕੇਹੜਾ ਤਰੀਕਾ ਹੈ ਜਿਸ ਦੀ ਰਾਹੀਂ ਪ੍ਰਭੂ ਪ੍ਰਸੰਨ ਹੋ ਜਾਏ ॥੨॥

7614	181	ਮਹਲੁ ਸਾਹ ਕਾ ਕਿਨ ਬਿਧਿ ਪਾਵੈ॥	(ਮਹਲੁ) ਟਿਕਾਣਾ	Mehal Saah Kaa Kin Bidhh Paavai ||	While he believes the Ambrosial Naam to be bitter.	(ਮੈਂ ਉਸ ਨਾਮ-ਰਤਨ ਦੇ ਵਪਾਰੀ ਪਾਸੋਂ ਪੁੱਛਦਾ ਹਾਂ ਕਿ) ਨਾਮ-ਰਾਸਿ ਦੇ ਸ਼ਾਹ ਦਾ ਮਹਲ ਮਨੁੱਖ ਕੇਹੜੇ ਤਰੀਕਿਆਂ ਨਾਲ ਲੱਭ ਸਕਦਾ ਹੈ?
7615	181	ਕਵਨ ਸੁ ਬਿਧਿ ਜਿਤੁ ਭੀਤਰਿ ਬੁਲਾਵੈ॥	(ਕਵਨ) ਕਿਹੜੀ। (ਭੀਤਰਿ) ਅੰਦਰ	Kavan S Bidhh Jith Bheethar Bulaavai ||	How can I get Him to call me inside?	ਉਹ ਕੇਹੜਾ ਢੰਗ ਹੈ ਜਿਸ ਕਰਕੇ ਉਹ ਸ਼ਾਹ ਜੀਵ-ਵਣਜਾਰੇ ਨੂੰ ਆਪਣੀ ਹਜ਼ੂਰੀ ਵਿਚ ਸੱਦਦਾ ਹੈ?
7616	181	ਤੂੰ ਵਡ ਸਾਹੁ ਜਾ ਕੇ ਕੋਟਿ ਵਣਜਾਰੇ॥		Thoon Vadd Saahu Jaa Kae Kott Vanajaarae ||	You are the Great Merchant; You have millions of traders.	ਹੇ ਪ੍ਰਭੂ! ਤੂੰ ਸਭ ਤੋਂ ਵੱਡਾ ਹੈਂ, ਕ੍ਰੋੜਾਂ ਜੀਵ ਤੇਰੇ ਵਣਜਾਰੇ ਹਨ।
7617	181	ਕਵਨੁ ਸੁ ਦਾਤਾ ਲੇ ਸੰਚਾਰੇ॥੩॥	(ਸੰਚਾਰੇ) ਪਹੁੰਚਾਵੇ	Kavan S Dhaathaa Lae Sanchaarae ||3||	Who is the benefactor? Who can take me to Him? ||3||	ਨਾਮ ਦੀ ਦਾਤ ਕਰਨ ਵਾਲਾ ਉਹ ਕੌਣ ਹੈ ਜੋ ਮੈਨੂੰ ਫੜ ਕੇ ਤੇਰੇ ਚਰਨਾਂ ਵਿਚ ਅਪੜਾ ਦੇਵੇ? ॥੩॥
7618	181	ਖੋਜਤ ਖੋਜਤ ਨਿਜ ਘਰੁ ਪਾਇਆ॥	(ਨਿਜ) ਅਪਣਾ	Khojath Khojath Nij Ghar Paaeiaa ||	Seeking and searching, I have found my own home, deep within my own being.	(ਜੀਵ ਵਣਜਾਰੇ ਨੇ) ਭਾਲ ਕਰਦਿਆਂ ਕਰਦਿਆਂ ਆਪਣਾ (ਉਹ ਅਸਲੀ) ਘਰ ਲੱਭ ਲਿਆ (ਜਿਥੇ ਪ੍ਰਭੂ-ਸ਼ਾਹ ਵੱਸਦਾ ਹੈ।)
7619	181	ਅਮੋਲ ਰਤਨੁ ਸਾਚੁ ਦਿਖਲਾਇਆ॥		Amol Rathan Saach Dhikhalaaeiaa ||	The True Lord has shown me the priceless jewel.	(ਗੁਰੂ ਨੇ ਹੀ ਉਸ ਵਡ-ਭਾਗੀ ਵਣਜਾਰੇ ਨੂੰ) ਸਦਾ ਕਾਇਮ ਰਹਿਣ ਵਾਲਾ (ਅਮੋਲਕ ਨਾਮ-ਰਤਨ ਵਿਖਾਲ ਦਿੱਤਾ ਹੈ।

7620	181	ਕਰਿ ਕਿਰਪਾ ਜਬ ਮੇਲੇ ਸਾਹਿ॥	(ਸਾਹਿ) ਪਾਤਸ਼ਾਹ ਵਾਹਿਗੁਰੂ ਜੀ	Kar Kirapaa Jab Maelae Saahi ||	When the Great Merchant shows His Mercy, He blends us into Himself.	ਆਖ-ਜਦੋਂ ਭੀ ਸ਼ਾਹ-ਪ੍ਰਭੂ ਨੇ ਕਿਰਪਾ ਕਰ ਕੇ (ਕਿਸੇ ਜੀਵ-ਵਣਜਾਰੇ ਨੂੰ ਆਪਣੇ ਚਰਨਾਂ ਵਿਚ) ਮਿਲਾਇਆ ਹੈ,
7621	181	ਕਹੁ ਨਾਨਕ ਗੁਰ ਕੈ ਵੇਸਾਹਿ॥੪॥੧੬॥੮੫॥	(ਵੇਹਾਸਿ) ਇਤਬਾਰ ਨਾਲ	Kahu Naanak Gur Kai Vaesaahi ||4||16||85||	Says Nanak, place your faith in the Guru. ||4||16||85||	ਨਾਨਕ ਆਖਦਾ ਹੈ- ਗੁਰੂ ਦੀ ਹਾਮੀ ਦੀ ਰਾਹੀਂ ਹੀ ਮਿਲਾਇਆ ਹੈ ॥੪॥੧੬॥੮੫॥
7622	181	ਗਉੜੀ ਮਹਲਾ ੫ ਗੁਆਰੇਰੀ॥		Gourree Mehalaa 5 Guaaraeree ||	Gauree, Fifth Mehl, Gwaarayree:	
7623	181	ਰੈਣਿ ਦਿਨਸੁ ਰਹੈ ਇਕ ਰੰਗਾ॥	ਗੁਆਰੇ-ਰੀ	Rain Dhinas Rehai Eik Rangaa ||	Night and day, they remain in the Love of the One.	(ਪੂਰੇ ਗੁਰੂ ਦੀ ਸਰਨ ਪੈਣ ਵਾਲਾ ਮਨੁੱਖ) ਦਿਨ ਰਾਤ ਇਕ ਪਰਮਾਤਮਾ ਦੇ ਪ੍ਰੇਮ ਵਿਚ (ਮਸਤ) ਰਹਿੰਦਾ ਹੈ।
7624	181	ਪ੍ਰਭ ਕਉ ਜਾਣੈ ਸਦ ਹੀ ਸੰਗਾ॥		Prabh Ko Jaanai Sadh Hee Sangaa ||	They know that God is always with them.	ਉਹ ਮਨੁੱਖ ਪਰਮਾਤਮਾ ਨੂੰ ਸਦਾ ਹੀ ਆਪਣੇ ਅੰਗ-ਸੰਗ (ਵੱਸਦਾ) ਸਮਝਦਾ ਹੈ।
7625	181	ਠਾਕੁਰ ਨਾਮੁ ਕੀਓ ਉਨਿ ਵਰਤਨਿ॥		Thaakur Naam Keeou Oun Varathan ||	They make the Name of their Lord and Master their way of life;	(ਉਸ ਮਨੁੱਖ) ਪਰਮਾਤਮਾ ਦੇ ਨਾਮ ਨੂੰ ਹੀ ਹਰ ਵੇਲੇ ਵਰਤਣ ਵਾਲੀ ਸ਼ੈ ਜਾਣਿਆ ਹੈ।
7626	181	ਤ੍ਰਿਪਤਿ ਅਘਾਵਨੁ ਹਰਿ ਕੈ ਦਰਸਨਿ॥੧॥	(ਅਘਾਵਨੁ) ਸੰਤੁਸ਼ਟ। ਤ੍ਰਿ-ਪਤਿ	Thripath Aghaavan Har Kai Dharasan ||1||	By myself, I cannot do anything at all, O Divine Lord. ||1||Pause||	ਪਰਮਾਤਮਾ ਦੇ ਦਰਸਨ ਨਾਲ ਉਹ (ਸਦਾ) ਤ੍ਰਿਪਤ ਰਹਿੰਦਾ ਹੈ ਸੰਤੁਸ਼ਟ ਰਹਿੰਦਾ ਹੈ ॥੧॥

7627	181	ਹਰਿ ਸੰਗਿ ਰਾਤੇ ਮਨ ਤਨ ਹਰੇ॥		Har Sang Raathae Man Than Harae ||	Imbued with the Love of the Lord, their minds and bodies are rejuvenated,	(ਹੇ ਭਾਈ! ਉਹ ਮਨੁੱਖ) ਪਰਮਾਤਮਾ ਨਾਲ ਰੱਤੇ ਰਹਿੰਦੇ ਹਨ (ਪ੍ਰਭੂ ਦੀ ਯਾਦ ਵਿਚ ਮਸਤ ਰਹਿੰਦੇ ਹਨ) ਉਹਨਾਂ ਦੇ ਮਨ ਖਿੜੇ ਰਹਿੰਦੇ ਹਨ, ਉਹਨਾਂ ਦੇ ਤਨ ਖਿੜੇ ਰਹਿੰਦੇ ਹਨ,
7628	181	ਗੁਰ ਪੂਰੇ ਕੀ ਸਰਨੀ ਪਰੇ॥੧॥ਰਹਾਉ॥		Gur Poorae Kee Saranee Parae ||1|| Rehaao ||	Entering the Sanctuary of the Perfect Guru. ||1||Pause||	ਜੇਹੜੇ ਮਨੁੱਖ ਪੂਰੇ ਗੁਰੂ ਦੀ ਸਰਨ ਪੈਂਦੇ ਹਨ ॥੧॥ ਰਹਾਉ ॥
7629	181	ਚਰਣਕਮਲ ਆਤਮ ਆਧਾਰ॥	(ਆਤਮ) ਮਨ ਦਾ (ਆਧਾਰ) ਆਸਰਾ	Charan Kamal Aatham Aadhhaar ||	If it pleases You, then the True Guru showers His Mercy upon me.	(ਪੂਰੇ ਗੁਰੂ ਦੀ ਸਰਨ ਪੈਣ ਵਾਲੇ ਮਨੁੱਖ) ਪਰਮਾਤਮਾ ਦੇ ਸੋਹਣੇ ਚਰਨਾਂ ਨੂੰ ਆਪਣੀ ਜਿੰਦ ਦਾ ਆਸਰਾ ਬਣਾਈ ਰੱਖਦੇ ਹਨ,
7630	181	ਏਕੁ ਨਿਹਾਰਹਿ ਆਗਿਆਕਾਰ॥	(ਨਿਹਾਰ-ਹਿ) ਦੇਖਦੇ	Eaek Nihaarehi Aagiaakaar ||	They see only the One, and obey His Order.	ਉਹ (ਹਰ ਥਾਂ) ਇਕ ਪਰਮਾਤਮਾ ਨੂੰ ਹੀ (ਵੱਸਦਾ) ਵੇਖਦੇ ਹਨ, ਪਰਮਾਤਮਾ ਦੇ ਹੁਕਮ ਵਿਚ ਹੀ ਉਹ ਸਦਾ ਤੁਰਦੇ ਹਨ।
7631	181	ਏਕੋ ਬਨਜੁ ਏਕੋ ਬਿਉਹਾਰੀ॥	(ਬਨਜੁ) ਵਪਾਰ। (ਬਿਉਹਾਰੀ) ਵਪਾਰੀ	Eaeko Banaj Eaeko Biouhaaree ||	There is only one trade, and one occupation.	ਪਰਮਾਤਮਾ ਦਾ ਨਾਮ ਹੀ ਉਹਨਾਂ ਦਾ ਵਣਜ ਹੈ, ਪਰਮਾਤਮਾ ਦੇ ਨਾਮ ਦੇ ਹੀ ਉਹ ਸਦਾ ਵਪਾਰੀ ਬਣੇ ਰਹਿੰਦੇ ਹਨ।

7632	181	ਅਵਰੁ ਨ ਜਾਨਹਿ ਬਿਨੁ ਨਿਰੰਕਾਰੀ॥੨॥		Avar N Jaanehi Bin Nirankaaree ||2||	They know no other than the Formless Lord. ||2||	ਪਰਮਾਤਮਾ ਤੋਂ ਬਿਨਾ ਉਹ ਕਿਸੇ ਹੋਰ ਨਾਲ ਡੂੰਘੀ ਸਾਂਝ ਨਹੀਂ ਪਾਂਦੇ ॥੨॥
7633	181	ਹਰਖ ਸੋਗ ਦੁਹਹੂੰ ਤੇ ਮੁਕਤੇ॥	(ਹਰਖ) ਖੁਸ਼ੀ। (ਸੋਗ) ਚਿੰਤਾ। ਦੁਹ-ਹੂੰ	Harakh Sog Dhuhehoon Thae Mukathae ||	They are free of both pleasure and pain.	(ਪੂਰੇ ਗੁਰੂ ਦੀ ਸਰਨ ਪੈਣ ਵਾਲੇ ਮਨੁੱਖ) ਖ਼ੁਸ਼ੀ ਗ਼ਮੀ ਦੋਹਾਂ ਤੋਂ ਹੀ ਸੁਤੰਤਰ ਰਹਿੰਦੇ ਹਨ।
7634	181	ਸਦਾ ਅਲਿਪਤੁ ਜੋਗ ਅਰੁ ਜੁਗਤੇ॥	(ਅ-ਲਿਪਤੁ) ਨਿਰਲੇਪ। (ਜੋਗ) ਜੁੜੇ ਹੋਏ, ਚੰਗੀ (ਜੁਗਤੇ) ਜੀਵਨ ਜੁਗਤ ਵਾਲੇ	Sadhaa Alipath Jog Ar Jugathae ||	Your servant prays to You, O Lord and Master. ||3||	ਉਹ ਸਦਾ (ਮਾਇਆ ਤੋਂ) ਨਿਰਲੇਪ ਹਨ, ਪਰਮਾਤਮਾ (ਦੀ ਯਾਦ) ਵਿਚ ਜੁੜੇ ਰਹਿੰਦੇ ਹਨ ਅਤੇ ਚੰਗੀ ਜੀਵਨ-ਜੁਗਤਿ ਵਾਲੇ ਹੁੰਦੇ ਹਨ।
7635	181	ਦੀਸਹਿ ਸਭ ਮਹਿ ਸਭ ਤੇ ਰਹਤੇ॥	(ਦੀਸਹਿ) ਦਿਸਦੇ। (ਰਹਤੇ) ਨਿਰਲੇਪ	Dheesehi Sabh Mehi Sabh Thae Rehathae ||	They are seen among all, and yet they are distinct from all.	ਉਹ ਮਨੁੱਖ ਸਭ ਨਾਲ ਪ੍ਰੇਮ ਕਰਦੇ ਭੀ ਦਿੱਸਦੇ ਹਨ ਅਤੇ ਸਭ ਤੋਂ ਵੱਖਰੇ (ਨਿਰਮੋਹ) ਭੀ ਦਿੱਸਦੇ ਹਨ।
7636	181	ਪਾਰਬ੍ਰਹਮ ਕਾ ਓਇ ਧਿਆਨੁ ਧਰਤੇ॥੩॥		Paarabreham Kaa Oue Dhhiaan Dhharathae ||3||	They focus their meditation on the Supreme Lord God. ||3||	ਉਹ ਮਨੁੱਖ ਸਦਾ ਪਰਮਾਤਮਾ ਦੀ ਯਾਦ ਵਿਚ ਸੁਰਤ ਜੋੜੀ ਰੱਖਦੇ ਹਨ ॥੩॥
7637	181	ਸੰਤਨ ਕੀ ਮਹਿਮਾ ਕਵਨ ਵਖਾਨਉ॥	(ਵਖਾਨਉ) ਬਿਆਨ ਕਰੀਏ	Santhan Kee Mehimaa Kavan Vakhaano ||	How can I describe the Glories of the Saints?	(ਪੂਰੇ ਗੁਰੂ ਦੀ ਸਰਨ ਪੈਣ ਵਾਲੇ ਉਹਨਾਂ) ਸੰਤ ਜਨਾਂ ਦੀ ਮੈਂ ਕੇਹੜੀ ਵਡਿਆਈ ਬਿਆਨ ਕਰਾਂ?

7638	181	ਅਗਾਧਿ ਬੋਧਿ ਕਿਛੁ ਮਿਤਿ ਨਹੀ ਜਾਨਉ॥	(ਬੋਧਿ) ਜਾਨਣ ਨੂੰ (ਬੋਧਿ) ਡੂੰਘੀ। (ਮਿਤਿ) ਹੱਦ	Agaadhh Bodhh Kishh Mith Nehee Jaano ||	Their knowledge is unfathomable; their limits cannot be known.	ਉਹਨਾਂ ਦੀ ਆਤਮਕ ਉੱਚਤਾ ਮਨੁੱਖੀ ਸੋਚ-ਸਮਝ ਤੋਂ ਪਰੇ ਹੈ, ਮੈਂ ਕੋਈ ਅੰਦਾਜ਼ਾ ਨਹੀਂ ਲਾ ਸਕਦਾ।
7639	181	ਪਾਰਬ੍ਰਹਮ ਮੋਹਿ ਕਿਰਪਾ ਕੀਜੈ॥		Paarabreham Mohi Kirapaa Keejai ||	O Supreme Lord God, please shower Your Mercy upon me.	ਹੇ ਅਕਾਲ ਪੁਰਖ! ਮੇਰੇ ਉਤੇ ਕਿਰਪਾ ਕਰ,
7640	181	ਧੂਰਿ ਸੰਤਨ ਕੀ ਨਾਨਕ ਦੀਜੈ॥੪॥੧੭॥੮੬॥		Dhhoor Santhan Kee Naanak Dheejai ||4||17||86||	Bless Nanak with the dust of the feet of the Saints. ||4||17||86||	ਤੇ ਮੈਨੂੰ ਨਾਨਕ ਨੂੰ ਉਹਨਾਂ ਸੰਤ ਜਨਾਂ ਦੇ ਚਰਨਾਂ ਦੀ ਧੂੜ ਬਖ਼ਸ਼ ॥੪॥੧੭॥੮੬॥
7641	181	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7642	181	ਤੂੰ ਮੇਰਾ ਸਖਾ ਤੂੰਹੀ ਮੇਰਾ ਮੀਤੁ॥	(ਸਖਾ) ਸਾਥੀ। (ਮੀਤੁ) ਮਿੱਤ੍ਰ	Thoon Maeraa Sakhaa Thoonhee Maeraa Meeth ||	You are my Companion; You are my Best Friend.	(ਹੇ ਪ੍ਰਭੂ!) ਤੂੰ ਹੀ ਮੇਰਾ ਸਾਥੀ ਹੈਂ, ਤੂੰ ਹੀ ਮੇਰਾ ਮਿੱਤਰ ਹੈਂ।
7643	181	ਤੂੰ ਮੇਰਾ ਪ੍ਰੀਤਮੁ ਤੁਮ ਸੰਗਿ ਹੀਤੁ॥	(ਪ੍ਰੀਤਮੁ) ਪਿਆਰਾ। (ਹੀਤੁ) ਪਿਆਰ	Thoon Maeraa Preetham Thum Sang Heeth ||	You are my Beloved; I am in love with You.	ਤੂੰ ਹੀ ਮੇਰਾ ਪ੍ਰੀਤਮ ਹੈਂ, ਮੇਰਾ ਤੇਰੇ ਨਾਲ ਹੀ ਪਿਆਰ ਹੈ।
7644	181	ਤੂੰ ਮੇਰੀ ਪਤਿ ਤੂਹੈ ਮੇਰਾ ਗਹਣਾ॥	ਗਹਣਾ	Thoon Maeree Path Thoohai Maeraa Gehanaa ||	You are my honor; You are my decoration.	(ਹੇ ਪ੍ਰਭੂ!) ਤੂੰ ਹੀ ਮੇਰੀ ਇੱਜ਼ਤ ਹੈਂ, ਤੂੰ ਹੀ ਮੇਰਾ ਗਹਿਣਾ ਹੈਂ।

7645	181	ਤੁਝ ਬਿਨੁ ਨਿਮਖੁ ਨ ਜਾਈ ਰਹਣਾ॥੧॥		Thujh Bin Nimakh N Jaaee Rehanaa ||1||	Without You, I cannot survive, even for an instant. ||1||	ਤੈਥੋਂ ਬਿਨਾ ਮੈਂ ਅੱਖ ਝਮਕਣ ਜਿਤਨੇ ਸਮੇ ਲਈ ਭੀ ਨਹੀਂ ਰਹਿ ਸਕਦਾ ॥੧॥
7646	181	ਤੂੰ ਮੇਰੇ ਲਾਲਨ ਤੂੰ ਮੇਰੇ ਪ੍ਰਾਨ॥	(ਲਾਲਨ) ਲਾਡ ਕਰਨ ਵਾਲੇ	Thoon Maerae Laalan Thoon Maerae Praan ||	You are my Intimate Beloved, You are my breath of life.	(ਹੇ ਪ੍ਰਭੂ!) ਤੂੰ ਮੇਰਾ ਸੋਹਣਾ ਲਾਲ ਹੈਂ, ਤੂੰ ਮੇਰੀ ਜਿੰਦ (ਦਾ ਸਹਾਰਾ) ਹੈਂ।
7647	181	ਤੂੰ ਮੇਰੇ ਸਾਹਿਬ ਤੂੰ ਮੇਰੇ ਖਾਨ॥੧॥ਰਹਾਉ॥	(ਸਾਹਿਬ) ਮਾਲਕ। (ਖਾਨ) ਪਾਤਸ਼ਾਹ	Thoon Maerae Saahib Thoon Maerae Khaan ||1|| Rehaao ||	You are my Lord and Master; You are my Leader. ||1||Pause||	ਤੂੰ ਮੇਰਾ ਸਾਹਿਬ ਹੈਂ, ਤੂੰ ਮੇਰਾ ਖ਼ਾਨ ਹੈਂ ॥੧॥ ਰਹਾਉ ॥
7648	181	ਜਿਉ ਤੁਮ ਰਾਖਹੁ ਤਿਵ ਹੀ ਰਹਨਾ॥		Jio Thum Raakhahu Thiv Hee Rehanaa ||	As You keep me, so do I survive.	(ਹੇ ਪ੍ਰਭੂ!) ਜਿਵੇਂ ਤੂੰ ਮੈਨੂੰ ਰੱਖਦਾ ਹੈਂ ਤਿਵੇਂ ਹੀ ਮੈਂ ਰਹਿੰਦਾ ਹਾਂ।
7649	181	ਜੋ ਤੁਮ ਕਹਹੁ ਸੋਈ ਮੋਹਿ ਕਰਨਾ॥	ਕਹ-ਹੁ	Jo Thum Kehahu Soee Mohi Karanaa ||	Whatever You say, that is what I do.	ਮੈਂ ਉਹੀ ਕਰਦਾ ਹਾਂ ਜੋ ਤੂੰ ਮੈਨੂੰ ਹੁਕਮ ਕਰਦਾ ਹੈਂ।
7650	181	ਜਹ ਪੇਖਉ ਤਹਾ ਤੁਮ ਬਸਨਾ॥	(ਪੇਖਉ) ਦੇਖਾਂ। (ਬਸਨਾ) ਵਸਦੇ	Jeh Paekho Thehaa Thum Basanaa ||	Wherever I look, there I see You dwelling.	ਮੈਂ ਜਿਧਰ ਵੇਖਦਾ ਹਾਂ ਉਧਰ ਹੀ ਮੈਨੂੰ ਤੂੰ ਹੀ ਵੱਸਦਾ ਦਿੱਸਦਾ ਹੈਂ।
7651	181	ਨਿਰਭਉ ਨਾਮੁ ਜਪਉ ਤੇਰਾ ਰਸਨਾ॥੨॥		Nirabho Naam Japo Thaeraa Rasanaa ||2||	O my Fearless Lord, with my tongue, I chant Your Name. ||2||	ਮੈਂ ਆਪਣੀ ਜੀਭ ਨਾਲ ਤੇਰਾ ਨਾਮ ਜਪਦਾ ਰਹਿੰਦਾ ਹਾਂ ਜੇਹੜਾ ਦੁਨੀਆ ਦੇ ਡਰਾਂ ਤੋਂ ਬਚਾ ਕੇ ਰੱਖਣ ਵਾਲਾ ਹੈ ॥੨॥

7652	181	ਤੂੰ ਮੇਰੀ ਨਵ ਨਿਧਿ ਤੂੰ ਭੰਡਾਰੁ॥	(ਭੰਡਾਰੁ) ਖਜ਼ਾਨਾ	Thoon Maeree Nav Nidhh Thoon Bhanddaar ||	You are my nine treasures, You are my storehouse.	(ਹੇ ਪ੍ਰਭੂ!) ਤੂੰ ਹੀ ਮੇਰੇ ਵਾਸਤੇ ਦੁਨੀਆ ਦੇ ਨੌ ਖ਼ਜ਼ਾਨੇ ਹੈਂ, ਤੂੰ ਹੀ ਮੇਰਾ ਖ਼ਜ਼ਾਨਾ ਹੈਂ।
7653	181	ਰੰਗ ਰਸਾ ਤੂੰ ਮਨਹਿ ਅਧਾਰੁ॥		Rang Rasaa Thoon Manehi Adhhaar ||	I am imbued with Your Love; You are the Support of my mind.	ਤੂੰ ਹੀ ਮੇਰੇ ਵਾਸਤੇ ਦੁਨੀਆ ਦੇ ਰੰਗ ਅਤੇ ਰਸ ਹੈਂ ਤੂੰ ਹੀ ਮੇਰੇ ਮਨ ਦਾ ਸਹਾਰਾ ਹੈਂ।
7654	181	ਤੂੰ ਮੇਰੀ ਸੋਭਾ ਤੁਮ ਸੰਗਿ ਰਚੀਆ॥	(ਰਚੀਆ) ਜੁੜਿਆ ਹੋਇਆ	Thoon Maeree Sobhaa Thum Sang Racheeaa ||	You are my Glory; I am blended with You.	ਹੇ ਪ੍ਰਭੂ! ਤੂੰ ਹੀ ਮੇਰੇ ਵਾਸਤੇ ਸੋਭਾ-ਵਡਿਆਈ ਹੈਂ, ਮੇਰੀ ਸੁਰਤ ਤੇਰੇ (ਚਰਨਾਂ) ਵਿਚ ਹੀ ਜੁੜੀ ਹੋਈ ਹੈ।
7655	181	ਤੂੰ ਮੇਰੀ ਓਟ ਤੂੰਹੈ ਮੇਰਾ ਤਕੀਆ॥੩॥	(:ਪੋਲਾ ਬੋਲੋ ਤਕੀਆ) ਆਸਰਾ	Thoon Maeree Outt Thoon Hai Maeraa Thakeeaa ||3||	You are my Shelter; You are my Anchoring Support. ||3||	ਤੂੰ ਹੀ ਮੇਰੀ ਓਟ ਹੈਂ ਤੂੰ ਹੀ ਮੇਰਾ ਆਸਰਾ ਹੈਂ ॥੩॥
7656	181	ਮਨ ਤਨ ਅੰਤਰਿ ਤੁਹੀ ਧਿਆਇਆ॥		Man Than Anthar Thuhee Dhhiaaeiaa ||	Deep within my mind and body, I meditate on You.	(ਹੇ ਪ੍ਰਭੂ!) ਮੈਂ ਆਪਣੇ ਮਨ ਵਿਚ ਆਪਣੇ ਹਿਰਦੇ ਵਿਚ ਤੈਨੂੰ ਹੀ ਸਿਮਰਦਾ ਰਹਿੰਦਾ ਹਾਂ।
7657	181	ਮਰਮੁ ਤੁਮਾਰਾ ਗੁਰ ਤੇ ਪਾਇਆ॥	(ਮਰਮੁ) ਭੇਦ	Maram Thumaaraa Gur Thae Paaeiaa ||	I have obtained Your secret from the Guru.	ਤੇਰਾ ਭੇਦ ਮੈਂ ਗੁਰੂ ਪਾਸੋਂ ਲੱਭਾ ਹੈ।
7658	181	ਸਤਿਗੁਰ ਤੇ ਦ੍ਰਿੜਿਆ ਇਕੁ ਏਕੈ॥		Sathigur Thae Dhrirriaa Eik Eaekai ||	Through the True Guru, the One and only Lord was implanted within me;	ਜਿਸ ਮਨੁੱਖ ਨੇ ਗੁਰੂ ਪਾਸੋਂ ਇਕ ਪਰਮਾਤਮਾ ਦਾ ਨਾਮ ਹੀ ਹਿਰਦੇ ਵਿਚ ਪੱਕਾ ਕਰਨ ਲਈ ਪ੍ਰਾਪਤ ਕੀਤਾ ਹੈ,

7659	181	ਨਾਨਕ ਦਾਸ ਹਰਿ ਹਰਿ ਹਰਿ ਟੇਕੈ॥੪॥੧੮॥੮੭॥	(ਟੇਕੈ) ਆਸਰੇ	Naanak Dhaas Har Har Har Ttaekai ||4||18||87||	Servant Nanak has taken to the Support of the Lord, Har, Har, Har. ||4||18||87||	ਹੇ ਨਾਨਕ! ਉਸ ਸੇਵਕ ਨੂੰ ਸਦਾ ਹਰਿ-ਨਾਮ ਦਾ ਹੀ ਸਹਾਰਾ ਹੋ ਜਾਂਦਾ ਹੈ ॥੪॥੧੮॥੮੭॥
7660	181	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7661	182	ਬਿਆਪਤ ਹਰਖ ਸੋਗ ਬਿਸਥਾਰ॥	(ਬਿਆਪਤ) ਲੱਗ ਰਹੀ। (ਬਿਸਥਾਰ) ਖਲਾਰਾ	Biaapath Harakh Sog Bisathhaar ||	It torments us with the expression of pleasure and pain.	ਕਿਤੇ ਖ਼ੁਸ਼ੀ ਗ਼ਮੀ ਦਾ ਖਿਲਾਰਾ ਹੈ,
7662	182	ਬਿਆਪਤ ਸੁਰਗ ਨਰਕ ਅਵਤਾਰ॥		Biaapath Surag Narak Avathaar ||	It torments us through incarnations in heaven and hell.	ਕਿਤੇ ਜੀਵ ਨਰਕਾਂ ਵਿਚ ਪੈਂਦੇ ਹਨ, ਕਿਤੇ ਸੁਰਗਾਂ ਵਿਚ ਪਹੁੰਚਦੇ ਹਨ,
7663	182	ਬਿਆਪਤ ਧਨ ਨਿਰਧਨ ਪੇਖਿ ਸੋਭਾ॥		Biaapath Dhhan Niradhhan Paekh Sobhaa ||	It is seen to afflict the rich, the poor and the glorious.	ਕਿਤੇ ਕੋਈ ਧਨ ਵਾਲੇ ਹਨ, ਕਿਤੇ ਕੰਗਾਲ ਹਨ, ਕਿਤੇ ਕੋਈ ਆਪਣੀ ਸੋਭਾ ਹੁੰਦੀ ਵੇਖ ਕੇ (ਖ਼ੁਸ਼ ਹਨ)-ਇਹਨਾਂ ਅਨੇਕਾਂ ਤਰੀਕਿਆਂ ਨਾਲ ਮਾਇਆ ਜੀਵਾਂ ਉਤੇ ਪ੍ਰਭਾਵ ਪਾ ਰਹੀ ਹੈ।
7664	182	ਮੂਲੁ ਬਿਆਧੀ ਬਿਆਪਸਿ ਲੋਭਾ॥੧॥	(ਬਿਆਧੀ) ਰੋਗਾਂ ਦਾ (ਮੂਲੁ) ਕਾਰਣ	Mool Biaadhhee Biaapas Lobhaa ||1||	The source of this illness which torments us is greed. ||1||	ਕਿਤੇ ਸਾਰੇ ਰੋਗਾਂ ਦਾ ਮੂਲ ਲੋਭ ਬਣ ਕੇ ਮਾਇਆ ਆਪਣਾ ਜ਼ੋਰ ਪਾ ਰਹੀ ਹੈ ॥੧॥

7665	182	ਮਾਇਆ ਬਿਆਪਤ ਬਹੁ ਪਰਕਾਰੀ॥		Maaeiaa Biaapath Bahu Parakaaree ||	Maya torments us in so many ways.	ਹੇ ਪ੍ਰਭੂ! (ਤੇਰੀ ਰਚੀ) ਮਾਇਆ ਅਨੇਕਾਂ ਤਰੀਕਿਆਂ ਨਾਲ (ਜੀਵਾਂ ਉਤੇ) ਪ੍ਰਭਾਵ ਪਾਈ ਰੱਖਦੀ ਹੈ, (ਤੇ ਆਤਮਕ ਮੌਤੇ ਜੀਵਾਂ ਨੂੰ ਮਾਰ ਦੇਂਦੀ ਹੈ)।
7666	182	ਸੰਤ ਜੀਵਹਿ ਪ੍ਰਭ ਓਟ ਤੁਮਾਰੀ॥੧॥ਰਹਾਉ॥		Santh Jeevehi Prabh Outt Thumaaree ||1|| Rehaao ||	But the Saints live under Your Protection, God. ||1||Pause||	ਤੇਰੇ ਸੰਤ ਤੇਰੇ ਆਸਰੇ ਆਤਮਕ ਜੀਵਨ ਮਾਣਦੇ ਹਨ ॥੧॥ ਰਹਾਉ ॥
7667	182	ਬਿਆਪਤ ਅਹੰਬੁਧਿ ਕਾ ਮਾਤਾ॥	(ਮੱਤਾ) ਮਸਤ	Biaapath Ahanbudhh Kaa Maathaa ||	It torments us through intoxication with intellectual pride.	ਕਿਤੇ ਕੋਈ 'ਹਉ ਹਉ, ਮੈਂ ਮੈਂ' ਦੀ ਅਕਲ ਵਿਚ ਮਸਤ ਹੈ।
7668	182	ਬਿਆਪਤ ਪੁਤ੍ਰ ਕਲਤ੍ਰ ਸੰਗਿ ਰਾਤਾ॥	ਕ-ਲੱਤ੍ਰ	Biaapath Puthr Kalathr Sang Raathaa ||	It torments us through the love of children and spouse.	ਕਿਤੇ ਕੋਈ ਪੁੱਤਰ ਇਸਤ੍ਰੀ ਦੇ ਮੋਹ ਵਿਚ ਰੱਤਾ ਪਿਆ ਹੈ।
7669	182	ਬਿਆਪਤ ਹਸਤਿ ਘੋੜੇ ਅਰੁ ਬਸਤਾ॥	(ਹਸਤਿ) ਹਾਥੀ। (ਬਸਤਾ) ਬਸਤ੍ਰ	Biaapath Hasath Ghorrae Ar Basathaa ||	It torments us through elephants, horses and beautiful clothes.	ਕਿਤੇ ਹਾਥੀ ਘੋੜਿਆਂ (ਸੁੰਦਰ) ਕੱਪੜਿਆਂ (ਦੀ ਲਗਨ ਹੈ),
7670	182	ਬਿਆਪਤ ਰੂਪ ਜੋਬਨ ਮਦ ਮਸਤਾ॥੨॥	(ਜੋਬਨ) ਜਵਾਨੀ। (ਮਦ) ਨਸ਼ਾ। (ਮਸਤਾ) ਮਸਤ	Biaapath Roop Joban Madh Masathaa ||2||	It torments us through the intoxication of wine and the beauty of youth. ||2||	ਕਿਤੇ ਕੋਈ ਰੂਪ ਤੇ ਜਵਾਨੀ ਦੇ ਨਸ਼ੇ ਵਿਚ ਮਸਤ ਹੈ-ਇਹਨਾਂ ਅਨੇਕਾਂ ਤਰੀਕਿਆਂ ਨਾਲ ਮਾਇਆ ਆਪਣਾ ਜ਼ੋਰ ਪਾ ਰਹੀ ਹੈ ॥੨॥

7671	182	ਬਿਆਪਤ ਭੂਮਿ ਰੰਕ ਅਰੁ ਰੰਗਾ॥	(ਭੂਮਿ) ਧਰਤੀ। (ਰੰਕ) ਕੰਗਾਲ। (ਰੰਗਾ) ਰਾਜਾ	Biaapath Bhoom Rank Ar Rangaa ||	It torments landlords, paupers and lovers of pleasure.	ਕਿਤੇ ਭੁਇਂ ਦੀ ਮਾਲਕੀ ਹੈ, ਕਿਤੇ ਕੰਗਾਲ ਹਨ, ਕਿਤੇ ਅਮੀਰ ਹਨ,
7672	182	ਬਿਆਪਤ ਗੀਤ ਨਾਦ ਸੁਨਿ ਸੰਗਾ॥	(ਸੰਗਾ) ਮੰਡਲੀ	Biaapath Geeth Naadh Sun Sangaa ||	It torments us through the sweet sounds of music and parties.	ਕਿਤੇ ਮੰਡਲੀਆਂ ਵਿਚ ਗੀਤ ਨਾਦ ਸੁਣ ਕੇ (ਖ਼ੁਸ਼ ਹੋ ਰਹੇ ਹਨ),
7673	182	ਬਿਆਪਤ ਸੇਜ ਮਹਲ ਸੀਗਾਰ॥		Biaapath Saej Mehal Seegaar ||	It torments us through beautiful beds, palaces and decorations.	ਕਿਤੇ (ਸੋਹਣੀ) ਸੇਜ, ਹਾਰ-ਸਿੰਗਾਰ ਤੇ ਮਹਲ-ਮਾੜੀਆਂ (ਦੀ ਲਾਲਸਾ ਹੈ), ਇਹਨਾਂ ਅਨੇਕਾਂ ਤਰੀਕਿਆਂ ਨਾਲ ਮਾਇਆ ਪ੍ਰਭਾਵ ਪਾ ਰਹੀ ਹੈ।
7674	182	ਪੰਚ ਦੂਤ ਬਿਆਪਤ ਅੰਧਿਆਰ॥੩॥	(ਅੰਧਿਆਰ) ਹਨੇਰਾ	Panch Dhooth Biaapath Andhhiaar ||3||	It torments us through the darkness of the five evil passions. ||3||	ਕਿਤੇ ਮੋਹ ਦੇ ਹਨੇਰੇ ਵਿਚ ਕਾਮਾਦਿਕ ਪੰਜੇ ਦੂਤ ਬਣ ਕੇ ਮਾਇਆ ਜ਼ੋਰ ਪਾ ਰਹੀ ॥੩॥
7675	182	ਬਿਆਪਤ ਕਰਮ ਕਰੈ ਹਉ ਫਾਸਾ॥		Biaapath Karam Karai Ho Faasaa ||	It torments those who act, entangled in ego.	ਕਿਤੇ ਕੋਈ ਹਉਮੈ ਵਿਚ ਫਸਿਆ ਹੋਇਆ (ਆਪਣੇ ਵਲੋਂ ਧਾਰਮਿਕ) ਕੰਮ ਕਰ ਰਿਹਾ ਹੈ,
7676	182	ਬਿਆਪਤਿ ਗਿਰਸਤ ਬਿਆਪਤ ਉਦਾਸਾ॥	ਗਿ-ਰਸਤ	Biaapath Girasath Biaapath Oudhaasaa ||	It torments us through household affairs, and it torments us in renunciation.	ਕੋਈ ਗ੍ਰਿਹਸਤ ਵਿਚ ਪ੍ਰਵਿਰਤ ਹੈ, ਕੋਈ ਉਦਾਸੀ ਰੂਪ ਵਿਚ ਹੈ,

7677	182	ਆਚਾਰ ਬਿਉਹਾਰ ਬਿਆਪਤ ਇਹ ਜਾਤਿ॥	(ਆਚਾਰ) ਰਸਮਾਂ। (ਬਿਉਹਾਰ) ਕੰਮ ਕਾਜ। (ਜਾਤਿ) ਜਾਤ ਪਾਤ	Aachaar Biouhaar Biaapath Eih Jaath ||	It torments us through character, lifestyle and social status.	ਕਿਤੇ ਕੋਈ ਧਾਰਮਿਕ ਰਸਮਾਂ ਵਿਚ ਪ੍ਰਵਿਰਤ ਹੈ, ਕੋਈ (ਉੱਚੀ) ਜਾਤਿ ਦੇ ਮਾਣ ਵਿਚ ਹੈ;
7678	182	ਸਭ ਕਿਛੁ ਬਿਆਪਤ ਬਿਨੁ ਹਰਿ ਰੰਗ ਰਾਤ॥੪॥		Sabh Kishh Biaapath Bin Har Rang Raath ||4||	It torments us through everything, except for those who are imbued with the Love of the Lord. ||4||	ਪਰਮਾਤਮਾ ਦੇ ਪ੍ਰੇਮ ਵਿਚ ਮਗਨ ਹੋਣ ਤੋਂ ਵਾਂਜੇ ਰਹਿ ਕੇ ਇਹ ਸਭ ਕੁਝ ਮਾਇਆ ਦਾ ਪ੍ਰਭਾਵ ਹੀ ਹੈ ॥੪॥
7679	182	ਸੰਤਨ ਕੇ ਬੰਧਨ ਕਾਟੇ ਹਰਿ ਰਾਇ॥		Santhan Kae Bandhhan Kaattae Har Raae ||	The Sovereign Lord King has cut away the bonds of His Saints.	ਪਰਮਾਤਮਾ ਆਪ ਹੀ ਸੰਤ ਜਨਾਂ ਦੇ ਮਾਇਆ ਦੇ ਬੰਧਨ ਕੱਟ ਦੇਂਦਾ ਹੈ।
7680	182	ਤਾ ਕਉ ਕਹਾ ਬਿਆਪੈ ਮਾਇ॥		Thaa Ko Kehaa Biaapai Maae ||	How can Maya torment them?	ਉਹਨਾਂ ਉਤੇ ਮਾਇਆ ਆਪਣਾ ਜ਼ੋਰ ਨਹੀਂ ਪਾ ਸਕਦੀ।
7681	182	ਕਹੁ ਨਾਨਕ ਜਿਨਿ ਧੂਰਿ ਸੰਤ ਪਾਈ॥		Kahu Naanak Jin Dhhoor Santh Paaee ||	Says Nanak, Maya does not draw near those	ਨਾਨਕ ਆਖਦਾ ਹੈ- ਜਿਸ ਮਨੁੱਖ ਨੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਪ੍ਰਾਪਤ ਕਰ ਲਈ ਹੈ,
7682	182	ਤਾ ਕੈ ਨਿਕਟਿ ਨ ਆਵੈ ਮਾਈ॥੫॥੧੯॥੮੮॥	(ਮਾਈ) ਮਾਇਆ	Thaa Kai Nikatt N Aavai Maaee ||5||19||88||	Who have obtained the dust of the feet of the Saints. ||5||19||88||	ਮਾਇਆ ਉਸ ਮਨੁੱਖ ਦੇ ਨੇੜੇ ਨਹੀਂ ਢੁੱਕ ਸਕਦੀ ॥੪॥੧੯॥੮੮॥

7683	182	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7684	182	ਨੈਨਹੁ ਨੀਦ ਪਰ ਦ੍ਰਿਸਟਿ ਵਿਕਾਰ॥	(ਨੈਨਹੁ) ਅੱਖਾਂ ਚ। (ਪਰ) ਪਰਾਏ। ਦ੍ਰਿਸਟਿ	Nainahu Needh Par Dhrisatt Vikaar ||	The eyes are asleep in corruption, gazing upon the beauty of another.	ਪਰਾਏ ਰੂਪ ਨੂੰ ਵਿਕਾਰ ਦੀ ਨਿਗਾਹ ਨਾਲ ਵੇਖਣਾ-ਇਹ ਅੱਖਾਂ ਵਿਚ ਨੀਂਦ ਆ ਰਹੀ ਹੈ।
7685	182	ਸ੍ਰਵਣ ਸੋਏ ਸੁਣਿ ਨਿੰਦ ਵੀਚਾਰ॥	(ਸ੍ਰਵਣ) ਕੰਨ। (ਨਿੰਦ) ਨਿੰਦਾ	Sravan Soeae Sun Nindh Veechaar ||	The ears are asleep, listening to slanderous stories.	ਹੋਰਨਾਂ ਦੀ ਨਿੰਦਿਆ ਦੀ ਵਿਚਾਰ ਸੁਣ ਸੁਣ ਕੇ ਕੰਨ ਸੁੱਤੇ ਰਹਿੰਦੇ ਹਨ।
7686	182	ਰਸਨਾ ਸੋਈ ਲੋਭਿ ਮੀਠੈ ਸਾਦਿ॥		Rasanaa Soee Lobh Meethai Saadh ||	The tongue is asleep, in its desire for sweet flavors.	ਜੀਭ ਖਾਣ ਦੇ ਲੋਭ ਵਿਚ ਪਦਾਰਥਾਂ ਦੇ ਮਿੱਠੇ ਸੁਆਦ ਵਿਚ ਸੁੱਤੀ ਰਹਿੰਦੀ ਹੈ।
7687	182	ਮਨੁ ਸੋਇਆ ਮਾਇਆ ਬਿਸਮਾਦਿ॥੧॥	(ਬਿਸਮਾਦਿ) ਅਸਚਰਜ	Man Soeiaa Maaeiaa Bisamaadh ||1||	The mind is asleep, fascinated by Maya. ||1||	ਮਨ ਮਾਇਆ ਦੇ ਅਸਚਰਜ ਤਮਾਸ਼ੇ ਵਿਚ ਸੁੱਤਾ ਰਹਿੰਦਾ ਹੈ ॥੧॥
7688	182	ਇਸੁ ਗ੍ਰਿਹ ਮਹਿ ਕੋਈ ਜਾਗਤੁ ਰਹੈ॥	ਗ੍ਰਿਹ	Eis Grih Mehi Koee Jaagath Rehai ||	Those who remain awake in this house are very rare;	(ਹੇ ਭਾਈ!) ਇਸ ਸਰੀਰ-ਘਰ ਵਿਚ ਕੋਈ ਵਿਰਲਾ ਮਨੁੱਖ ਸੁਚੇਤ ਰਹਿੰਦਾ ਹੈ।
7689	182	ਸਾਬਤੁ ਵਸਤੁ ਓਹੁ ਅਪਨੀ ਲਹੈ॥੧॥ਰਹਾਉ॥		Saabath Vasath Ouhu Apanee Lehai ||1|| Rehaao ||	By doing so, they receive the whole thing. ||1||Pause||	(ਜੇਹੜਾ ਸੁਚੇਤ ਰਹਿੰਦਾ ਹੈ) ਉਹ ਆਪਣੀ ਆਤਮਕ ਜੀਵਨ ਦੀ ਸਾਰੀ ਦੀ ਸਾਰੀ ਰਾਸਿ-ਪੂੰਜੀ ਸਾਂਭ ਲੈਂਦਾ ਹੈ ॥੧॥ ਰਹਾਉ ॥

7690	182	ਸਗਲ ਸਹੇਲੀ ਅਪਨੈ ਰਸ ਮਾਤੀ॥	(ਸਹੇਲੀ) ਇੰਦ੍ਰੀਆਂ। (ਮਾੱਤੀ) ਮਸਤ	Sagal Sehaelee Apanai Ras Maathee ||	All of my companions are intoxicated with their sensory pleasures;	ਸਾਰੇ ਗਿਆਨ-ਇੰਦ੍ਰੇ ਆਪੋ ਆਪਣੇ ਚਸਕੇ ਵਿਚ ਮਸਤ ਰਹਿੰਦੇ ਹਨ.
7691	182	ਗ੍ਰਿਹ ਅਪੁਨੇ ਕੀ ਖਬਰਿ ਨ ਜਾਤੀ॥		Grih Apunae Kee Khabar N Jaathee ||	They do not know how to guard their own home.	ਆਪਣੇ ਸਰੀਰ-ਘਰ ਵਿਚ ਇਹ ਸੂਝ ਨਹੀਂ ਰੱਖਦੇ।
7692	182	ਮੁਸਨਹਾਰ ਪੰਚ ਬਟਵਾਰੇ॥	(ਬਟਵਾਰੇ) ਰਾਹਮਾਰ ਪੰਜ ਵਿਕਾਰ। (ਮੁੱਸਨਹਾਰ) ਲੁੱਟਣ ਵਾਲੇ	Musanehaar Panch Battavaarae ||	The five thieves have plundered them;	ਠੱਗਣ ਵਾਲੇ ਪੰਜੇ ਡਾਕੂ-
7693	182	ਸੂਨੇ ਨਗਰਿ ਪਰੇ ਠਗਹਾਰੇ॥੨॥	(ਸੂਨੇ) ਸੁੰਨੇ। ਨੱਗਰਿ। ਠੱਗਹਾਰੇ	Soonae Nagar Parae Thagehaarae ||2||	The thugs descend upon the unguarded village. ||2||	ਸੁੰਞੇ (ਸਰੀਰ-) ਘਰ ਵਿਚ ਆ ਹੱਲਾ ਬੋਲਦੇ ਹਨ ॥੨॥
7694	182	ਉਨ ਤੇ ਰਾਖੈ ਬਾਪੁ ਨ ਮਾਈ॥		Oun Thae Raakhai Baap N Maaee ||	Our mothers and fathers cannot save us from them;	ਉਹਨਾਂ (ਪੰਜਾਂ ਡਾਕੂਆਂ ਤੋਂ) ਨਾਹ ਪਿਉ ਬਚਾ ਸਕਦਾ ਹੈ, ਨਾਹ ਮਾਂ ਬਚਾ ਸਕਦੀ ਹੈ।
7695	182	ਉਨ ਤੇ ਰਾਖੈ ਮੀਤੁ ਨ ਭਾਈ॥		Oun Thae Raakhai Meeth N Bhaaee ||	Friends and brothers cannot protect us from them	ਉਹਨਾਂ ਤੋਂ ਨਾਂਹ ਕੋਈ ਮਿੱਤਰ ਬਚਾ ਸਕਦਾ ਹੈ, ਨਾਂਹ ਕੋਈ ਭਰਾ ਬਚਾ ਸਕਦਾ ਹੈ।
7696	182	ਦਰਬਿ ਸਿਆਣਪ ਨਾ ਓਇ ਰਹਤੇ॥	(ਦਰਬਿ) ਧਨ ਨਾਲ। (ਰਹਤੇ) ਰੁਕਦੇ	Dharab Siaanap Naa Oue Rehathae ||	They cannot be restrained by wealth or cleverness.	ਉਹ ਪੰਜੇ ਡਾਕੂ ਨਾਹ ਧਨ ਨਾਲ ਵਰਜੇ ਜਾ ਸਕਦੇ ਹਨ, ਨਾਹ ਚਤੁਰਾਈ ਨਾਲ ਵਰਜੇ ਜਾ ਸਕਦੇ ਹਨ।

7697	182	ਸਾਧਸੰਗਿ ਓਇ ਦੁਸਟ ਵਸਿ ਹੋਤੇ॥੩॥	ਵੱਸਿ	Saadhhasang Oue Dhusatt Vas Hothae ||3||	Only through the Saadh Sangat, the Company of the Holy, can those villains be brought under control. ||3||	ਉਹ ਪੰਜੇ ਦੁਸ਼ਟ ਸਿਰਫ਼ ਸਾਧ ਸੰਗਤਿ ਵਿਚ ਰਿਹਾਂ ਹੀ ਕਾਬੂ ਵਿਚ ਆਉਂਦੇ ਹਨ ॥੩॥
7698	182	ਕਰਿ ਕਿਰਪਾ ਮੋਹਿ ਸਾਰਿੰਗਪਾਣਿ॥	(ਸਾਰਿੰਗ-ਪਾਣਿ) ਵਾਹਿਗੁਰੂ ਜੀ	Kar Kirapaa Mohi Saaringapaan ||	Have Mercy upon me, O Lord, Sustainer of the world.	ਹੇ ਧਨੁਖ-ਧਾਰੀ ਪ੍ਰਭੂ! ਮੇਰੇ ਉਤੇ ਕਿਰਪਾ ਕਰ।
7699	182	ਸੰਤਨ ਧੂਰਿ ਸਰਬ ਨਿਧਾਨ॥	(ਨਿਧਾਨ) ਖਜ਼ਾਨੇ	Santhan Dhhoor Sarab Nidhhaan ||	The dust of the feet of the Saints is all the treasure I need.	ਮੈਨੂੰ ਸੰਤਾਂ ਦੇ ਚਰਨਾਂ ਦੀ ਧੂੜ ਦੇਹ, ਏਹੀ ਮੇਰੇ ਵਾਸਤੇ ਸਾਰੇ ਖ਼ਜ਼ਾਨੇ ਹਨ।
7700	182	ਸਾਬਤੁ ਪੂੰਜੀ ਸਤਿਗੁਰ ਸੰਗਿ॥	(ਪੂੰਜੀ) ਰਾਸ	Saabath Poonjee Sathigur Sang ||	Without You, I cannot survive, even for an instant. ||1||	ਗੁਰੂ ਦੀ ਸੰਗਤਿ ਵਿਚ ਰਿਹਾਂ ਆਤਮਕ ਜੀਵਨ ਦਾ ਸਰਮਾਇਆ ਸਾਰੇ ਦਾ ਸਾਰਾ ਬਚਿਆ ਰਹਿ ਸਕਦਾ ਹੈ।
7701	182	ਨਾਨਕੁ ਜਾਗੈ ਪਾਰਬ੍ਰਹਮ ਕੈ ਰੰਗਿ॥੪॥	(ਰੰਗਿ) ਪ੍ਰੇਮ	Naanak Jaagai Paarabreham Kai Rang ||4||	Nanak is awake to the Love of the Supreme Lord. ||4||	(ਪਰਮਾਤਮਾ ਦਾ ਸੇਵਕ) ਨਾਨਕ ਪਰਮਾਤਮਾ ਦੇ ਪਰੇਮ-ਰੰਗ ਵਿਚ ਰਹਿ ਕੇ ਹੀ ਸੁਚੇਤ ਰਹਿ ਸਕਦਾ ਹੈ (ਤੇ ਪੰਜਾਂ ਦੇ ਹੱਲਿਆਂ ਤੋਂ ਬਚ ਸਕਦਾ ਹੈ) ॥੪॥
7702	182	ਸੋ ਜਾਗੈ ਜਿਸੁ ਪ੍ਰਭੁ ਕਿਰਪਾਲੁ॥		So Jaagai Jis Prabh Kirapaal ||	He alone is awake, unto whom God shows His Mercy.	(ਹੇ ਭਾਈ! ਕਾਮਾਦਿਕ ਪੰਜਾਂ ਡਾਕੂਆਂ ਦੇ ਹੱਲਿਆਂ ਵਲੋਂ) ਓਹੀ ਮਨੁੱਖ ਸੁਚੇਤ ਰਹਿੰਦਾ ਹੈ, ਜਿਸ ਤੇ ਪਰਮਾਤਮਾ ਆਪ ਦਇਆਵਾਨ ਹੁੰਦਾ ਹੈ।

7703	182	ਇਹ ਪੂੰਜੀ ਸਾਬਤੁ ਧਨੁ ਮਾਲੁ॥੧॥ਰਹਾਉ ਦੂਜਾ॥੨੦॥੮੯॥		Eih Poonjee Saabath Dhhan Maal ||1|| Rehaao Dhoojaa ||20||89||	This investment, wealth and property shall remain intact. ||1||Second Pause||20||89||	ਉਸਦੀ ਆਤਮਕ ਜੀਵਨ ਦੀ ਇਹ ਰਾਸਿ-ਪੂੰਜੀ ਸਾਰੀ ਦੀ ਸਾਰੀ ਬਚੀ ਰਹਿੰਦੀ ਹੈ, ਉਸਦੇ ਪਾਸ ਪ੍ਰਭੂ ਦਾ ਨਾਮ-ਧਨ ਸਰਮਾਇਆ ਬਚਿਆ ਰਹਿੰਦਾ ਹੈ ॥੧॥ਰਹਾਉ ਦੂਜਾ॥੨੦॥੮੯॥
7704	182	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7705	182	ਜਾ ਕੈ ਵਸਿ ਖਾਨ ਸੁਲਤਾਨ॥	(ਖਾਨ) ਸਰਦਾਰ। (ਸੁਲਤਾਨ) ਪਾਤਸ਼ਾਹ	Jaa Kai Vas Khaan Sulathaan ||	Kings and emperors are under His Power.	(ਹੇ ਭਾਈ! ਦੁਨੀਆ ਦੇ) ਖ਼ਾਨ ਤੇ ਸੁਲਤਾਨ (ਭੀ) ਜਿਸ ਪਰਮਾਤਮਾ ਦੇ ਅਧੀਨ ਹਨ,
7706	182	ਜਾ ਕੈ ਵਸਿ ਹੈ ਸਗਲ ਜਹਾਨ॥		Jaa Kai Vas Hai Sagal Jehaan ||	The whole world is under His Power.	ਸਾਰਾ ਜਗਤ ਹੀ ਜਿਸਦੇ ਹੁਕਮ ਵਿਚ ਹੈ,
7707	182	ਜਾ ਕਾ ਕੀਆ ਸਭੁ ਕਿਛੁ ਹੋਇ॥		Jaa Kaa Keeaa Sabh Kishh Hoe ||	Everything is done by His doing;	ਜਿਸ ਪਰਮਾਤਮਾ ਦਾ ਕੀਤਾ ਹੋਇਆ ਹੀ (ਜਗਤ ਵਿਚ) ਸਭ ਕੁਝ ਹੁੰਦਾ ਹੈ,
7708	182	ਤਿਸ ਤੇ ਬਾਹਰਿ ਨਾਹੀ ਕੋਇ॥੧॥		This Thae Baahar Naahee Koe ||1||	Other than Him, there is nothing at all. ||1||	ਉਸ ਪਰਮਾਤਮਾ ਤੋਂ ਕੋਈ ਭੀ ਜੀਵ ਆਕੀ ਨਹੀਂ ਹੋ ਸਕਦਾ ॥੧॥
7709	182	ਕਹੁ ਬੇਨੰਤੀ ਅਪੁਨੇ ਸਤਿਗੁਰ ਪਾਹਿ॥	(ਪਾਹਿ) ਪਾਸ	Kahu Baenanthee Apunae Sathigur Paahi ||	Offer your prayers to your True Guru;	(ਹੇ ਭਾਈ!) ਆਪਣੇ ਗੁਰੂ ਪਾਸ ਬੇਨਤੀ ਕਰ।

7710	182	ਕਾਜ ਤੁਮਾਰੇ ਦੇਇ ਨਿਬਾਹਿ॥੧॥ਰਹਾਉ ॥	(ਨਿਬਾਹਿ) ਪੂਰੇ। ਦੇ-ਇ	Kaaj Thumaarae Dhaee Nibaahi ||1|| Rehaao ||	He will resolve your affairs. ||1||Pause||	ਗੁਰੂ ਤੇਰੇ ਕਾਰਜ (ਜਨਮ-ਮਨੋਰਥ) ਪੂਰੇ ਕਰ ਦੇਵੇਗਾ, ਭਾਵ (ਤੈਨੂੰ ਪ੍ਰਭੂ ਦੇ ਨਾਮ ਦੀ ਦਾਤ ਬਖ਼ਸ਼ੇਗਾ) ॥੧॥ ਰਹਾਉ ॥
7711	182	ਸਭ ਤੇ ਊਚ ਜਾ ਕਾ ਦਰਬਾਰੁ॥		Sabh Thae Ooch Jaa Kaa Dharabaar ||	The Darbaar of His Court is the most exalted of all.	(ਹੇ ਭਾਈ!) ਜਿਸ ਪਰਮਾਤਮਾ ਦਾ ਦਰਬਾਰ (ਦੁਨੀਆ ਦੇ) ਸਾਰੇ ਸ਼ਾਹਾਂ-ਬਾਦਸ਼ਾਹਾਂ ਦੇ ਦਰਬਾਰਾਂ ਨਾਲੋਂ ਉੱਚਾ (ਸ਼ਾਨਦਾਰ) ਹੈ,
7712	182	ਸਗਲ ਭਗਤ ਜਾ ਕਾ ਨਾਮੁ ਅਧਾਰੁ॥	(ਅਧਾਰੁ) ਆਸਰਾ	Sagal Bhagath Jaa Kaa Naam Adhhaar ||	His Name is the Support of all His devotees.	ਸਾਰੇ ਭਗਤਾਂ ਦੀ (ਜ਼ਿੰਦਗੀ) ਵਾਸਤੇ ਜਿਸ ਪਰਮਾਤਮਾ ਦਾ ਨਾਮ ਆਸਰਾ ਹੈ,
7713	182	ਸਰਬ ਬਿਆਪਤ ਪੂਰਨ ਧਨੀ॥	(ਬਿਆਪਤ) ਵਿਆਪਕ। (ਧਨੀ) ਮਾਲਕ	Sarab Biaapith Pooran Dhhanee ||	The Perfect Master is pervading everywhere.	ਜਿਹੜਾ ਮਾਲਕ-ਪ੍ਰਭੂ ਸਭ ਜੀਵਾਂ ਤੇ ਆਪਣਾ ਪ੍ਰਭਾਵ ਰੱਖਦਾ ਹੈ ਅਤੇ ਸਭ ਵਿਚ ਵਿਆਪਕ ਹੈ,
7714	182	ਜਾ ਕੀ ਸੋਭਾ ਘਟਿ ਘਟਿ ਬਨੀ॥੨॥	(ਘਟਿ) ਹਿਰਦੇ	Jaa Kee Sobhaa Ghatt Ghatt Banee ||2||	His Glory is manifest in each and every heart. ||2||	ਜਿਸ ਪਰਮਾਤਮਾ ਦੀ ਸੁੰਦਰਤਾ ਹਰੇਕ ਸਰੀਰ ਵਿਚ ਫਬਣ ਵਿਖਾ ਰਹੀ ਹੈ, (ਉਸਦਾ ਨਾਮ ਸਦਾ ਸਿਮਰ) ॥੨॥
7715	182	ਜਿਸੁ ਸਿਮਰਤ ਦੁਖ ਡੇਰਾ ਢਹੈ॥		Jis Simarath Dhukh Ddaeraa Dtehai ||	Remembering Him in meditation, the home of sorrow is abolished.	(ਹੇ ਭਾਈ!) ਜਿਸ ਪਰਮਾਤਮਾ ਦਾ ਸਿਮਰਨ ਕੀਤਿਆਂ ਸਾਰੇ ਹੀ ਦੁੱਖ ਦੂਰ ਹੋ ਜਾਂਦੇ ਹਨ,

7716	182	ਜਿਸੁ ਸਿਮਰਤ ਜਮੁ ਕਿਛੂ ਨ ਕਹੈ॥		Jis Simarath Jam Kishhoo N Kehai ||	Remembering Him in meditation, the Messenger of Death shall not touch you.	ਜਿਸਦਾ ਨਾਮ ਸਿਮਰਿਆਂ ਮੌਤ ਦਾ ਡਰ ਪੋਹ ਨਹੀਂ ਸਕਦਾ,
7717	182	ਜਿਸੁ ਸਿਮਰਤ ਹੋਤ ਸੂਕੇ ਹਰੇ॥		Jis Simarath Hoth Sookae Harae ||	Remembering Him in meditation, the dry branches become green again.	ਜਿਸ ਪਰਮਾਤਮਾ ਦਾ ਸਿਮਰਨ ਕੀਤਿਆਂ ਨਿਰਦਈ ਮਨੁੱਖ ਨਰਮ-ਦਿਲ ਹੋ ਜਾਂਦੇ ਹਨ,
7718	183	ਜਿਸੁ ਸਿਮਰਤ ਡੂਬਤ ਪਾਹਨ ਤਰੇ॥੩॥	(ਪਾਹਨ) ਪੱਥਰ	Jis Simarath Ddoobath Paahan Tharae ||3||	Remembering Him in meditation, sinking stones are made to float. ||3||	ਜਿਸਦਾ ਨਾਮ ਸਿਮਰਿਆਂ ਪੱਥਰ-ਦਿਲ ਮਨੁੱਖ (ਕਠੋਰਤਾ ਦੇ ਸਮੁੰਦਰ ਵਿਚ) ਡੁੱਬਣੋਂ ਬਚ ਜਾਂਦੇ ਹਨ, (ਤੂੰ ਭੀ ਗੁਰੂ ਦੀ ਸਰਨ ਪੈ ਕੇ ਉਸਦਾ ਨਾਮ ਸਿਮਰ) ॥੩॥
7719	183	ਸੰਤ ਸਭਾ ਕਉ ਸਦਾ ਜੈਕਾਰੁ॥	(ਜੈਕਾਰੁ) ਨਮਸਕਾਰ। ਸਭਾ: ਪੋਲਾ ਬੋਲੋ	Santh Sabhaa Ko Sadhaa Jaikaar ||	I salute and applaud the Society of the Saints.	(ਹੇ ਭਾਈ!) ਸਾਧ ਸੰਗਤਿ ਅੱਗੇ ਸਦਾ ਸਿਰ ਨਿਵਾਉ,
7720	183	ਹਰਿ ਹਰਿ ਨਾਮੁ ਜਨ ਪ੍ਰਾਨ ਅਧਾਰੁ॥	(ਅਧਾਰੁ) ਆਸਰਾ	Har Har Naam Jan Praan Adhhaar ||	The Name of the Lord, Har, Har, is the Support of the breath of life of His servant.	ਕਿਉਂਕਿ ਪਰਮਾਤਮਾ ਦਾ ਨਾਮ ਸਾਧ ਜਨਾਂ (ਗੁਰਮੁਖਾਂ) ਦੀ ਜ਼ਿੰਦਗੀ ਦਾ ਆਸਰਾ ਹੁੰਦਾ ਹੈ, (ਉਨ੍ਹਾਂ ਦੀ ਸੰਗਤਿ ਵਿਚ ਤੈਨੂੰ ਭੀ ਹਰਿ-ਨਾਮ ਦੀ ਪ੍ਰਾਪਤੀ ਹੋਵੇਗੀ)।
7721	183	ਕਹੁ ਨਾਨਕ ਮੇਰੀ ਸੁਣੀ ਅਰਦਾਸਿ॥		Kahu Naanak Maeree Sunee Aradhaas ||	Says Nanak, the Lord has heard my prayer;	ਨਾਨਕ ਆਖਦਾ ਹੈ- (ਕਰਤਾਰ ਨੇ) ਮੇਰੀ ਬੇਨਤੀ ਸੁਣ ਲਈ,

7722	183	ਸੰਤ ਪ੍ਰਸਾਦਿ ਮੋਕਉ ਨਾਮ ਨਿਵਾਸਿ॥੪॥੨੧॥੯੦॥	(ਨਿਵਾਸਿ) ਵਾਸਾ	Santh Prasaadh Mo Ko Naam Nivaas ||4||21||90||	By the Grace of the Saints, I dwell in the Naam, the Name of the Lord. ||4||21||90||	ਤੇ ਉਸਨੇ ਗੁਰੂ ਦੀ ਕਿਰਪਾ ਨਾਲ ਮੈਨੂੰ ਆਪਣੇ ਨਾਮ ਦੇ ਘਰ ਵਿਚ (ਟਿਕਾ ਦਿੱਤਾ ਹੈ) ॥੪॥੨੧॥੯੦॥
7723	183	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7724	183	ਸਤਿਗੁਰ ਦਰਸਨਿ ਅਗਨਿ ਨਿਵਾਰੀ॥	(ਨਿਵਾਰੀ) ਦੂਰ ਕੀਤੀ	Sathigur Dharasan Agan Nivaaree ||	It torments us through elephants, horses and beautiful clothes.	(ਹੇ ਭਾਈ!) ਗੁਰੂ ਦੇ ਦੀਦਾਰ ਦੀ ਬਰਕਤਿ ਨਾਲ (ਮਨੁੱਖ ਆਪਣੇ ਅੰਦਰੋਂ ਤ੍ਰਿਸ਼ਨਾ ਦੀ ਅੱਗ) ਬੁਝਾ ਲੈਂਦਾ ਹੈ,
7725	183	ਸਤਿਗੁਰ ਭੇਟਤ ਹਉਮੈ ਮਾਰੀ॥		Sathigur Bhaettath Houmai Maaree ||	Meeting the True Guru, egotism is subdued.	ਗੁਰੂ ਨੂੰ ਮਿਲ ਕੇ (ਆਪਣੇ ਮਨ ਵਿਚੋਂ) ਹਉਮੈ ਮਾਰ ਲੈਂਦਾ ਹੈ।
7726	183	ਸਤਿਗੁਰ ਸੰਗਿ ਨਾਹੀ ਮਨੁ ਡੋਲੈ॥		Sathigur Sang Naahee Man Ddolai ||	In the Company of the True Guru, the mind does not waver.	ਗੁਰੂ ਦੀ ਸੰਗਤਿ ਵਿਚ ਰਹਿ ਕੇ (ਮਨੁੱਖ ਦਾ) ਮਨ (ਵਿਕਾਰਾਂ ਵਾਲੇ ਪਾਸੇ) ਡੋਲਦਾ ਨਹੀਂ,
7727	183	ਅੰਮ੍ਰਿਤ ਬਾਣੀ ਗੁਰਮੁਖਿ ਬੋਲੈ॥੧॥		Anmrith Baanee Guramukh Bolai ||1||	The Gurmukh speaks the Ambrosial Word of Gurbani. ||1||	(ਕਿਉਂਕਿ) ਗੁਰੂ ਦੀ ਸਰਨ ਪੈ ਕੇ ਮਨੁੱਖ ਆਤਮਕ ਜੀਵਨ ਦੇਣ ਵਾਲੀ ਗੁਰਬਾਣੀ ਉਚਾਰਦਾ ਰਹਿੰਦਾ ਹੈ ॥੧॥
7728	183	ਸਭੁ ਜਗੁ ਸਾਚਾ ਜਾ ਸਚ ਮਹਿ ਰਾਤੇ॥	ਜੱਗੁ	Sabh Jag Saachaa Jaa Sach Mehi Raathae ||	He sees the True One pervading the whole world; he is imbued with the True One.	(ਹੇ ਭਾਈ!) ਜਦੋਂ ਗੁਰੂ ਦੀ ਰਾਹੀਂ ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈਦੀ ਹੈ, ਜਦੋਂ ਸਦਾ-ਥਿਰ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਜਾਈਦਾ ਹੈ,

7729	183	ਸੀਤਲ ਸਾਤਿ ਗੁਰ ਤੇ ਪ੍ਰਭ ਜਾਤੇ॥੧॥ਰਹਾਉ॥	(ਸੀਤਲ) ਠੰਢੇ (ਸਾਤਿ) ਸ਼ਾਂਤ। (ਜੱਾਤੇ) ਜਾਣੇ	Seethal Saath Gur Thae Prabh Jaathae ||1|| Rehaao ||	I have become cool and tranquil, knowing God, through the Guru. ||1||Pause||	ਤਦੋਂ ਹਿਰਦਾ ਠੰਡਾ-ਠਾਰ ਹੋ ਜਾਂਦਾ ਹੈ, ਤਦੋਂ (ਮਨ ਵਿਚ) ਸ਼ਾਂਤੀ ਪੈਦਾ ਹੋ ਜਾਂਦੀ ਹੈ, ਤਦੋਂ ਸਾਰਾ ਜਗਤ ਸਦਾ-ਥਿਰ ਪਰਮਾਤਮਾ ਦਾ ਰੂਪ ਦਿੱਸਦਾ ਹੈ ॥੧॥ ਰਹਾਉ ॥
7730	183	ਸੰਤ ਪ੍ਰਸਾਦਿ ਜਪੈ ਹਰਿ ਨਾਉ॥		Santh Prasaadh Japai Har Naao ||	It torments those who act, entangled in ego.	(ਹੇ ਭਾਈ!) ਗੁਰੂ ਦੀ ਕਿਰਪਾ ਨਾਲ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਹੈ,
7731	183	ਸੰਤ ਪ੍ਰਸਾਦਿ ਹਰਿ ਕੀਰਤਨੁ ਗਾਉ॥		Santh Prasaadh Har Keerathan Gaao ||	It torments us through household affairs, and it torments us in renunciation.	ਗੁਰੂ ਦੀ ਕਿਰਪਾ ਨਾਲ ਹਰਿ ਕੀਰਤਨ ਦਾ ਗਾਇਨ ਕਰਦਾ ਹੈ।
7732	183	ਸੰਤ ਪ੍ਰਸਾਦਿ ਸਗਲ ਦੁਖ ਮਿਟੇ॥		Santh Prasaadh Sagal Dhukh Mittae ||	By the Grace of the Saints, all pains are erased.	(ਇਸਦਾ ਨਤੀਜਾ ਇਹ ਨਿਕਲਦਾ ਹੈ ਕਿ) ਸਤਿਗੁਰੂ ਦੀ ਕਿਰਪਾ ਨਾਲ ਮਨੁੱਖ ਦੇ ਸਾਰੇ ਦੁੱਖ-ਕਲੇਸ਼ ਮਿਟ ਜਾਂਦੇ ਹਨ,
7733	183	ਸੰਤ ਪ੍ਰਸਾਦਿ ਬੰਧਨ ਤੇ ਛੂਟੇ॥੨॥		Santh Prasaadh Bandhhan Thae Shhuttae ||2||	By the Grace of the Saints, one is released from bondage. ||2||	(ਕਿਉਂਕਿ) ਗੁਰੂ ਦੀ ਮੇਹਰ ਨਾਲ ਮਨੁੱਖ (ਮਾਇਆ ਦੇ ਮੋਹ ਦੇ) ਬੰਧਨਾਂ ਤੋਂ ਖ਼ਲਾਸੀ ਪਾ ਲੈਂਦਾ ਹੈ ॥੨॥
7734	183	ਸੰਤ ਕ੍ਰਿਪਾ ਤੇ ਮਿਟੇ ਮੋਹ ਭਰਮ॥		Santh Kirapaa Thae Mittae Moh Bharam ||	By the kind Mercy of the Saints, emotional attachment and doubt are removed.	(ਹੇ ਭਾਈ!) ਗੁਰੂ ਦੀ ਕਿਰਪਾ ਨਾਲ ਮਾਇਆ ਦਾ ਮੋਹ ਤੇ ਮਾਇਆ ਦੀ ਖ਼ਾਤਰ ਭਟਕਣ ਦੂਰ ਹੋ ਜਾਂਦੀ ਹੈ।

7735	183	ਸਾਧ ਰੇਣ ਮਜਨ ਸਭਿ ਧਰਮ॥	(ਰੇਣ) ਚਰਨਧੂੜ। (ਮੱਜਨ) ਇਸ਼ਨਾਨ	Saadhh Raen Majan Sabh Dhharam ||	Taking a bath in the dust of the feet of the Holy - this is true Dharmic faith.	ਗੁਰੂ ਦੇ ਚਰਨਾਂ ਦੀ ਧੂੜੀ ਦਾ ਇਸ਼ਨਾਨ ਹੀ ਸਾਰੇ ਧਰਮਾਂ ਦਾ (ਸਾਰ) ਹੈ।
7736	183	ਸਾਧ ਕ੍ਰਿਪਾਲ ਦਇਆਲ ਗੋਵਿੰਦੁ॥		Saadhh Kirapaal Dhaeiaal Govindh ||	By the kindness of the Holy, the Lord of the Universe becomes merciful.	(ਜਿਸ ਮਨੁੱਖ ਉਤੇ ਗੁਰੂ ਦੇ ਸਨਮੁਖ ਰਹਿਣ ਵਾਲੇ) ਗੁਰਮੁਖ ਦਇਆਵਾਨ ਹੁੰਦੇ ਹਨ, ਉਸ ਤੇ ਪਰਮਾਤਮਾ ਭੀ ਦਇਆਵਾਨ ਹੋ ਜਾਂਦਾ ਹੈ।
7737	183	ਸਾਧਾ ਮਹਿ ਇਹ ਹਮਰੀ ਜਿੰਦੁ॥੩॥	(ਜਿੰਦੁ) ਜਿੰਦਗੀ। ਸਾਧਾਂ: ਪੋਲਾ ਬੋਲੋ	Saadhhaa Mehi Eih Hamaree Jindh ||3||	The life of my soul is with the Holy. ||3||	(ਹੇ ਭਾਈ!) ਮੇਰੀ ਜਿੰਦ ਭੀ ਗੁਰਮੁਖਾਂ ਦੇ ਚਰਨਾਂ ਵਿਚ ਹੀ ਵਾਰਨੇ ਜਾਂਦੀ ਹੈ ॥੩॥
7738	183	ਕਿਰਪਾਨਿਧਿ ਕਿਰਪਾਲ ਧਿਆਵਉ॥	(ਕਿਰਪਾਨਿਧਿ) ਕ੍ਰਿਪਾ ਦੇ ਖਜ਼ਾਨੇ ਵਾਹਿਗੁਰੂ ਜੀ	Kirapaa Nidhh Kirapaal Dhhiaavo ||	Meditating on the Merciful Lord, the Treasure of Mercy,	ਗੁਰੂ ਦੀ ਮੇਹਰ ਨਾਲ ਜਦੋਂ ਮੈਂ ਕਿਰਪਾ ਦੇ ਖ਼ਜ਼ਾਨੇ, ਕਿਰਪਾ ਦੇ ਘਰ ਪਰਮਾਤਮਾ ਦਾ ਨਾਮ ਸਿਮਰਦਾ ਹਾਂ,
7739	183	ਸਾਧਸੰਗਿ ਤਾ ਬੈਠਣੁ ਪਾਵਉ॥		Saadhhasang Thaa Baithan Paavo ||	I have obtained a seat in the Saadh Sangat.	ਸਾਧ-ਸੰਗਤਿ ਵਿਚ ਮੇਰਾ ਜੀਅ ਪਰਚਦਾ ਹੈ।
7740	183	ਮੋਹਿ ਨਿਰਗੁਣ ਕਉ ਪ੍ਰਭਿ ਕੀਨੀ ਦਇਆ॥	ਦ-ਇਆ	Mohi Niragun Ko Prabh Keenee Dhaeiaa ||	I am worthless, but God has been kind to me.	ਮੈਂ ਗੁਣ-ਹੀਨ ਉਤੇ ਪ੍ਰਭੂ ਨੇ ਦਇਆ ਕੀਤੀ,

7741	183	ਸਾਧਸੰਗਿ ਨਾਨਕ ਨਾਮੁ ਲਇਆ॥੪॥੨੨॥੯੧॥	ਲ-ਇਆ	Saadhhasang Naanak Naam Laeiaa ||4||22||91||	In the Saadh Sangat, Nanak has taken to the Naam, the Name of the Lord. ||4||22||91||	ਹੇ ਨਾਨਕ! (ਆਖ = ਹੇ ਭਾਈ!) ਸਾਧ ਸੰਗਤਿ ਵਿਚ ਮੈਂ ਪ੍ਰਭੂ ਦਾ ਨਾਮ ਜਪਣ ਲੱਗ ਪਿਆ ॥੪॥੨੨॥੯੧॥
7742	183	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7743	183	ਸਾਧਸੰਗਿ ਜਪਿਓ ਭਗਵੰਤੁ॥		Saadhhasang Japiou Bhagavanth ||	In the Saadh Sangat, the Company of the Holy, I meditate on the Lord God.	(ਗੁਰੂ ਦੀ ਕਿਰਪਾ ਨਾਲ ਜਿਨ੍ਹਾਂ ਮਨੁੱਖਾਂ ਨੇ) ਸਾਧ ਸੰਗਤਿ ਵਿਚ ਭਗਵਾਨ ਦਾ ਸਿਮਰਨ ਕੀਤਾ ਹੈ,
7744	183	ਕੇਵਲ ਨਾਮੁ ਦੀਓ ਗੁਰਿ ਮੰਤੁ॥		Kaeval Naam Dheeou Gur Manth ||	The Guru has given me the Mantra of the Naam, the Name of the Lord.	ਜਿਨ੍ਹਾਂ ਨੂੰ ਗੁਰੂ ਨੇ ਪਰਮਾਤਮਾ ਦਾ ਨਾਮ ਹੀ ਮੰਤਰ ਦਿੱਤਾ ਹੈ,
7745	183	ਤਜਿ ਅਭਿਮਾਨ ਭਏ ਨਿਰਵੈਰ॥		Thaj Abhimaan Bheae Niravair ||	Shedding my ego, I have become free of hate.	(ਉਸ ਮੰਤਰ ਦੀ ਬਰਕਤਿ ਨਾਲ) ਉਹ ਅਹੰਕਾਰ ਛੱਡ ਕੇ ਨਿਰਵੈਰ ਹੋ ਗਏ ਹਨ,
7746	183	ਆਠ ਪਹਰ ਪੂਜਹੁ ਗੁਰ ਪੈਰ ॥੧॥		Aath Pehar Poojahu Gur Pair ||1||	They do not know how to guard their own home.	(ਹੇ ਭਾਈ!) ਅੱਠੇ ਪਹਿਰ (ਹਰ ਵੇਲੇ) ਗੁਰੂ ਦੇ ਪੈਰ ਪੂਜੋ ॥੧॥
7747	183	ਅਬ ਮਤਿ ਬਿਨਸੀ ਦੁਸਟ ਬਿਗਾਨੀ॥		Ab Math Binasee Dhusatt Bigaanee ||	Now, my evil sense of alienation is eliminated,	ਹੇ ਭਾਈ! ਤਦੋਂ ਤੋਂ ਮੇਰੀ ਭੈੜੀ ਤੇ ਬੇ-ਸਮਝੀ ਵਾਲੀ ਮਤਿ ਦੂਰ ਹੋ ਗਈ ਹੈ,

7748	183	ਜਬ ਤੇ ਸੁਨਿਆ ਹਰਿ ਜਸੁ ਕਾਨੀ॥੧॥ਰਹਾਉ॥		Jab Thae Suniaa Har Jas Kaanee ||1|| Rehaao ||	Since I have heard the Praises of the Lord with my ears. ||1||Pause||	ਜਦੋਂ ਤੋਂ ਪਰਮਾਤਮਾ ਦੀ ਸਿਫ਼ਤ-ਸਾਲਾਹ ਮੈਂ ਕੰਨੀਂ ਸੁਣੀ ਹੈ ॥੧॥ ਰਹਾਉ ॥
7749	183	ਸਹਜ ਸੂਖ ਆਨੰਦ ਨਿਧਾਨ॥		Sehaj Sookh Aanandh Nidhhaan ||	The Savior Lord is the treasure of intuitive peace, poise and bliss.	(ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਹਰਿ-ਜਸ ਕੰਨੀਂ ਸੁਣਿਆ ਹੈ) ਆਤਮਕ ਅਡੋਲਤਾ, ਸੁਖ ਅਨੰਦ ਦੇ ਖ਼ਜ਼ਾਨੇ-
7750	183	ਰਾਖਨਹਾਰ ਰਖਿ ਲੇਇ ਨਿਦਾਨ॥	(ਨਿਦਾਨ) ਅੰਤ ਨੂੰ	Raakhanehaar Rakh Laee Nidhaan ||	He shall save me in the end.	ਰੱਖਣਹਾਰ ਪਰਮਾਤਮਾ ਨੇ ਆਖ਼ਰ ਉਹਨਾਂ ਦੀ (ਸਦਾ) ਰੱਖਿਆ ਕੀਤੀ ਹੈ।
7751	183	ਦੂਖ ਦਰਦ ਬਿਨਸੇ ਭੈ ਭਰਮ॥	(ਬਿਨਸੇ) ਨਾਸ	Dhookh Dharadh Binasae Bhai Bharam ||	My pains, sufferings, fears and doubts have been erased.	ਉਹਨਾਂ ਦੇ ਦੁੱਖ, ਦਰਦ, ਡਰ, ਵਹਿਮ ਸਾਰੇ ਨਾਸ ਹੋ ਜਾਂਦੇ ਹਨ।
7752	183	ਆਵਣ ਜਾਣ ਰਖੇ ਕਰਿ ਕਰਮ॥੨॥	(ਕਰਮ) ਕ੍ਰਿਪਾ	Aavan Jaan Rakhae Kar Karam ||2||	He has mercifully saved me from coming and going in reincarnation. ||2||	ਪਰਮਾਤਮਾ ਮਿਹਰ ਕਰ ਕੇ ਉਨ੍ਹਾਂ ਦੇ ਜਨਮ ਮਰਨ ਦੇ ਗੇੜ (ਭੀ) ਮੁਕਾ ਦੇਂਦਾ ਹੈ ॥੨॥
7753	183	ਪੇਖੈ ਬੋਲੈ ਸੁਣੈ ਸਭੁ ਆਪਿ॥	(ਪੇਖੈ) ਦੇਖਦੇ	Paekhai Bolai Sunai Sabh Aap ||	He Himself beholds, speaks and hears all.	ਹੇ (ਮੇਰੇ) ਮਨ! ਜਿਹੜਾ ਪਰਮਾਤਮਾ ਹਰ ਥਾਂ (ਸਭ ਜੀਵਾਂ ਵਿਚ ਵਿਆਪਕ ਹੋ ਕੇ) ਆਪ ਵੇਖਦਾ ਹੈ ਆਪ ਹੀ ਬੋਲਦਾ ਹੈ, ਆਪ ਹੀ ਸੁਣਦਾ ਹੈ,
7754	183	ਸਦਾ ਸੰਗਿ ਤਾ ਕਉ ਮਨ ਜਾਪਿ॥		Sadhaa Sang Thaa Ko Man Jaap ||	O my mind, meditate on the One who is always with you.	ਜਿਹੜਾ ਹਰ ਵੇਲੇ ਤੇਰੇ ਅੰਗ-ਸੰਗ ਹੈ, ਉਸਦਾ ਭਜਨ ਕਰ।

7755	183	ਸੰਤ ਪ੍ਰਸਾਦਿ ਭਇਓ ਪਰਗਾਸੁ॥		Santh Prasaadh Bhaeiou Paragaas ||	By the Grace of the Saints, the Light has dawned.	ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੇ ਅੰਦਰ ਆਤਮਕ ਜੀਵਨ ਵਾਲਾ ਚਾਨਣ ਪੈਦਾ ਹੁੰਦਾ ਹੈ,
7756	183	ਪੂਰਿ ਰਹੇ ਏਕੈ ਗੁਣਤਾਸੁ॥੩॥	(ਗੁਣਤਾਸੁ) ਗੁਣਾਂ ਦੇ ਸਮੁੰਦ੍ਰ	Poor Rehae Eaekai Gunathaas ||3||	The One Lord, the Treasure of Excellence, is perfectly pervading everywhere. ||3||	ਉਸਨੂੰ ਗੁਣਾਂ ਦਾ ਖ਼ਜ਼ਾਨਾ ਇਕ ਪਰਮਾਤਮਾ ਹੀ ਹਰ ਥਾਂ ਵਿਆਪਕ ਦਿੱਸਦਾ ਹੈ ॥੩॥
7757	183	ਕਹਤ ਪਵਿਤ੍ਰ ਸੁਣਤ ਪੁਨੀਤ॥		Kehath Pavithr Sunath Puneeth ||	Pure are those who speak, and sanctified are those who hear and sing,	(ਹੇ ਭਾਈ! ਉਹ ਮਨੁੱਖ) ਸਿਫ਼ਤ-ਸਾਲਾਹ ਕਰਨ ਵਾਲੇ ਤੇ ਸਿਫ਼ਤ-ਸਾਲਾਹ ਸੁਣਨ ਵਾਲੇ ਸਭੇ ਪਵਿੱਤ੍ਰ ਜੀਵਨ ਵਾਲੇ ਬਣ ਜਾਂਦੇ ਹਨ,
7758	183	ਗੁਣ ਗੋਵਿੰਦ ਗਾਵਹਿ ਨਿਤ ਨੀਤ॥		Gun Govindh Gaavehi Nith Neeth ||	Forever and ever, the Glorious Praises of the Lord of the Universe.	ਜੇਹੜੇ ਸਦਾ ਹੀ ਗੋਬਿੰਦ ਦੇ ਗੁਣ ਗਾਂਦੇ ਹਨ
7759	183	ਕਹੁ ਨਾਨਕ ਜਾ ਕਉ ਹੋਹੁ ਕ੍ਰਿਪਾਲ॥		Kahu Naanak Jaa Ko Hohu Kirapaal ||	Says Nanak, when the Lord bestows His Mercy,	ਨਾਨਕ ਆਖਦਾ ਹੈ- (ਹੇ ਪ੍ਰਭੂ!) ਜਿਸ ਮਨੁੱਖ ਉਤੇ ਤੂੰ ਦਇਆਵਾਨ ਹੁੰਦਾ ਹੈਂ,
7760	183	ਤਿਸੁ ਜਨ ਕੀ ਸਭ ਪੂਰਨ ਘਾਲ॥੪॥੨੩॥੯੨॥	(ਘਾਲ) ਸੇਵਾ	This Jan Kee Sabh Pooran Ghaal ||4||23||92||	all one's efforts are fulfilled. ||4||23||92||	(ਉਹ ਤੇਰੀ ਸਿਫ਼ਤ-ਸਾਲਾਹ ਕਰਦਾ ਹੈ) ਉਸਦੀ ਸਾਰੀ ਇਹ ਮਿਹਨਤ ਸਫਲ ਹੋ ਜਾਂਦੀ ਹੈ ॥੪॥੨੩॥੯੨॥

7761	183	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7762	183	ਬੰਧਨ ਤੋੜਿ ਬੋਲਾਵੈ ਰਾਮੁ॥		Bandhhan Thorr Bolaavai Raam ||	The whole world is under His Power.	(ਹੇ ਭਾਈ!) ਗੁਰੂ (ਮਨੁੱਖ ਦੇ ਮਾਇਆ ਦੇ ਮੋਹ ਦੇ) ਬੰਧਨ ਤੋੜ ਕੇ (ਉਸ ਪਾਸੋਂ) ਪਰਮਾਤਮਾ ਦਾ ਸਿਮਰਨ ਕਰਾਂਦਾ ਹੈ।
7763	183	ਮਨ ਮਹਿ ਲਾਗੈ ਸਾਚੁ ਧਿਆਨੁ॥		Man Mehi Laagai Saach Dhhiaan ||	With the mind centered in meditation on the True Lord,	(ਜਿਸ ਮਨੁੱਖ ਉਤੇ ਗੁਰੂ ਮਿਹਰ ਕਰਦਾ ਹੈ ਉਸ ਦੇ) ਮਨ ਵਿਚ (ਪ੍ਰਭੂ-ਚਰਨਾਂ ਦੀ) ਅਟੱਲ ਸੁਰਤ ਬੱਝ ਜਾਂਦੀ ਹੈ।
7764	183	ਮਿਟਹਿ ਕਲੇਸ ਸੁਖੀ ਹੋਇ ਰਹੀਐ ॥		Mittehi Kalaes Sukhee Hoe Reheeai ||	Anguish is eradicated, and one comes to dwell in peace.	(ਹੇ ਭਾਈ! ਗੁਰੂ ਦੀ ਸਰਨ ਪਿਆਂ ਮਨ ਦੇ ਸਾਰੇ) ਕਲੇਸ਼ ਮਿਟ ਜਾਂਦੇ ਹਨ, ਸੁਖੀ ਜੀਵਨ ਵਾਲਾ ਹੋ ਜਾਈਦਾ ਹੈ।
7765	183	ਐਸਾ ਦਾਤਾ ਸਤਿਗੁਰੁ ਕਹੀਐ॥੧॥		Aisaa Dhaathaa Sathigur Keheeai ||1||	Such is the True Guru, the Great Giver. ||1||	ਸੋ, ਗੁਰੂ ਇਹੋ ਜਿਹਾ ਉੱਚੀ ਦਾਤ ਬਖ਼ਸ਼ਣ ਵਾਲਾ ਕਿਹਾ ਜਾਂਦਾ ਹੈ ॥੧॥
7766	183	ਸੋ ਸੁਖਦਾਤਾ ਜਿ ਨਾਮੁ ਜਪਾਵੈ॥		So Sukhadhaathaa J Naam Japaavai ||	He alone is the Giver of peace, who inspires us to chant the Naam, the Name of the Lord.	(ਹੇ ਭਾਈ!) ਉਹ ਸਤਿਗੁਰੂ ਆਤਮਕ ਆਨੰਦ ਦੀ ਦਾਤ ਬਖ਼ਸ਼ਣ ਵਾਲਾ ਹੈ ਕਿਉਂਕਿ ਉਹ ਪਰਮਾਤਮਾ ਦਾ ਨਾਮ ਜਪਾਂਦਾ ਹੈ,

7767	183	ਕਰਿ ਕਿਰਪਾ ਤਿਸੁ ਸੰਗਿ ਮਿਲਾਵੈ॥੧॥ਰਹਾਉ॥		Kar Kirapaa This Sang Milaavai ||1|| Rehaao ||	By His Grace, He leads us to merge with Him. ||1||Pause||	ਤੇ ਮਿਹਰ ਕਰ ਕੇ ਉਸ ਪਰਮਾਤਮਾ ਦੇ ਨਾਲ ਜੋੜਦਾ ਹੈ ॥੧॥ ਰਹਾਉ ॥
7768	183	ਜਿਸੁ ਹੋਇ ਦਇਆਲੁ ਤਿਸੁ ਆਪਿ ਮਿਲਾਵੈ॥		Jis Hoe Dhaeiaal This Aap Milaavai ||	He unites with Himself those unto whom He has shown His Mercy.	(ਪਰ) ਪਰਮਾਤਮਾ ਜਿਸ ਮਨੁੱਖ ਉਤੇ ਦਇਆਵਾਨ ਹੋਵੇ ਉਸ ਨੂੰ ਆਪ (ਹੀ) ਗੁਰੂ ਮਿਲਾਂਦਾ ਹੈ,
7769	183	ਸਰਬ ਨਿਧਾਨ ਗੁਰੂ ਤੇ ਪਾਵੈ॥	(ਨਿਧਾਨ) ਖਜ਼ਾਨੇ	Sarab Nidhhaan Guroo Thae Paavai ||	All treasures are received from the Guru.	ਉਹ ਮਨੁੱਖ (ਫਿਰ) ਗੁਰੂ ਪਾਸੋਂ (ਆਤਮਕ ਜੀਵਨ ਦੇ) ਸਾਰੇ ਖ਼ਜ਼ਾਨੇ ਹਾਸਲ ਕਰ ਲੈਂਦਾ ਹੈ।
7770	183	ਆਪੁ ਤਿਆਗਿ ਮਿਟੈ ਆਵਣ ਜਾਣਾ॥		Aap Thiaag Mittai Aavan Jaanaa ||	Renouncing selfishness and conceit, coming and going come to an end.	ਉਹ (ਗੁਰੂ ਦੀ ਸਰਨ ਪੈ ਕੇ) ਆਪਾ-ਭਾਵ ਤਿਆਗ ਦੇਂਦਾ ਹੈ, ਤੇ ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।
7771	183	ਸਾਧ ਕੈ ਸੰਗਿ ਪਾਰਬ੍ਰਹਮੁ ਪਛਾਣਾ॥੨॥		Saadhh Kai Sang Paarabreham Pashhaanaa ||2||	In the Saadh Sangat, the Company of the Holy, the Supreme Lord God is recognized. ||2||	ਗੁਰੂ ਦੀ ਸੰਗਤਿ ਵਿਚ (ਰਹਿ ਕੇ) ਉਹ ਮਨੁੱਖ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ ॥੨॥
7772	183	ਜਨ ਊਪਰਿ ਪ੍ਰਭ ਭਏ ਦਇਆਲ॥		Jan Oopar Prabh Bheae Dhaeiaal ||	God has become merciful to His humble servant.	(ਹੇ ਭਾਈ! ਗੁਰ-ਸਰਨ ਦੀ ਬਰਕਤਿ ਨਾਲ) ਪ੍ਰਭੂ ਜੀ ਸੇਵਕ ਉੱਤੇ ਦਇਆਵਾਨ ਹੋ ਜਾਂਦੇ ਹਨ,

7773	184	ਜਨ ਕੀ ਟੇਕ ਏਕ ਗੋਪਾਲ॥		Jan Kee Ttaek Eaek Gopaal ||	The One Lord of the Universe is the Support of His humble servants.	ਇਕ ਗੋਪਾਲ-ਪ੍ਰਭੂ ਹੀ ਸੇਵਕ ਦੀ ਜ਼ਿੰਦਗੀ ਦਾ ਆਸਰਾ ਬਣ ਜਾਂਦਾ ਹੈ।
7774	184	ਏਕਾ ਲਿਵ ਏਕੋ ਮਨਿ ਭਾਉ॥		Eaekaa Liv Eaeko Man Bhaao ||	They love the One Lord; their minds are filled with love for the Lord.	(ਗੁਰੂ ਦੀ ਸਰਨ ਆਏ ਮਨੁੱਖ ਨੂੰ) ਇਕ ਪਰਮਾਤਮਾ ਦੀ ਹੀ ਲਗਨ ਲੱਗ ਜਾਂਦੀ ਹੈ, ਉਸ ਦੇ ਮਨ ਵਿਚ ਇਕ ਪਰਮਾਤਮਾ ਦਾ ਹੀ ਪਿਆਰ (ਟਿਕ ਜਾਂਦਾ ਹੈ)।
7775	184	ਸਰਬ ਨਿਧਾਨ ਜਨ ਕੈ ਹਰਿ ਨਾਉ॥੩॥		Sarab Nidhhaan Jan Kai Har Naao ||3||	The Name of the Lord is all treasures for them. ||3||	ਸੇਵਕ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਹੀ (ਦੁਨੀਆ ਦੇ) ਸਾਰੇ ਖ਼ਜ਼ਾਨੇ ਬਣ ਜਾਂਦਾ ਹੈ ॥੩॥
7776	184	ਪਾਰਬ੍ਰਹਮ ਸਿਉ ਲਾਗੀ ਪ੍ਰੀਤਿ॥		Paarabreham Sio Laagee Preeth ||	They are in love with the Supreme Lord God;	ਉਸ ਦੀ ਪ੍ਰੀਤਿ ਪਰਮਾਤਮਾ ਨਾਲ ਪੱਕੀ ਬਣ ਜਾਂਦੀ ਹੈ,
7777	184	ਨਿਰਮਲ ਕਰਣੀ ਸਾਚੀ ਰੀਤਿ॥	(ਰੀਤਿ) ਮਰਯਾਦਾ	Niramal Karanee Saachee Reeth ||	Their actions are pure, and their lifestyle is true.	ਉਸ ਦਾ ਜੀਵਨ ਪਵਿਤ੍ਰ ਹੋ ਜਾਂਦਾ ਹੈ, ਉਸ ਦੀ ਜੀਵਨ-ਮਰਯਾਦਾ (ਵਿਕਾਰਾਂ ਦੇ ਹੱਲਿਆਂ ਵਲੋਂ) ਅਡੋਲ ਹੋ ਜਾਂਦੀ ਹੈ,
7778	184	ਗੁਰਿ ਪੂਰੈ ਮੇਟਿਆ ਅੰਧਿਆਰਾ॥		Gur Poorai Maettiaa Andhhiaaraa ||	The Perfect Guru has dispelled the darkness.	(ਪਰਮਾਤਮਾ ਦੀ ਮਿਹਰ ਨਾਲ) ਪੂਰੇ ਗੁਰੂ ਨੇ (ਜਿਸ ਮਨੁੱਖ ਦੇ ਅੰਦਰੋਂ ਮਾਇਆ ਦੇ ਮੋਹ ਦਾ) ਹਨੇਰਾ ਦੂਰ ਕਰ ਦਿੱਤਾ ਹੈ।

7779	184	ਨਾਨਕ ਕਾ ਪ੍ਰਭੁ ਅਪਰ ਅਪਾਰਾ॥੪॥੨੪॥੯੩॥	(ਅਪਰ) ਪਰੇ ਤੋਂ (ਅਪਾਰਾ) ਪਰੇ	Naanak Kaa Prabh Apar Apaaraa ||4||24||93||	By the Grace of the Saints, I dwell in the Naam, the Name of the Lord. ||4||21||90||	(ਹੇ ਭਾਈ! ਇਹ ਸਾਰੀ ਮਿਹਰ ਪਰਮਾਤਮਾ ਦੀ ਹੀ ਹੈ) ਨਾਨਕ ਦਾ ਪ੍ਰਭੂ ਪਰੇ ਤੋਂ ਪਰੇ ਹੈ ਤੇ ਬੇਅੰਤ ਹੈ ॥੪॥੨੪॥੯੩॥
7780	184	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7781	184	ਜਿਸੁ ਮਨਿ ਵਸੈ ਤਰੈ ਜਨੁ ਸੋਇ॥		Jis Man Vasai Tharai Jan Soe ||	Those whose minds are filled with the Lord, swim across.	ਉਹ ਪਰਮਾਤਮਾ ਜਿਸ ਮਨੁੱਖ ਦੇ ਮਨ ਵਿਚ ਵੱਸ ਪੈਂਦਾ ਹੈ ਉਹ (ਦੁੱਖਾਂ ਰੋਗਾਂ ਵਿਕਾਰਾਂ ਦੇ ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ।
7782	184	ਜਾ ਕੈ ਕਰਮਿ ਪਰਾਪਤਿ ਹੋਇ॥		Jaa Kai Karam Paraapath Hoe ||	Those who have the blessing of good karma, meet with the Lord.	ਜਿਸ (ਪਰਮਾਤਮਾ) ਦੀ ਬਖ਼ਸ਼ਸ਼ ਨਾਲ (ਜਦੋਂ ਉਸ ਦੇ ਨਾਮ ਦੀ) ਪ੍ਰਾਪਤੀ ਹੁੰਦੀ ਹੈ,
7783	184	ਦੂਖੁ ਰੋਗੁ ਕਛੁ ਭਉ ਨ ਬਿਆਪੈ॥		Dhookh Rog Kashh Bho N Biaapai ||	Pain, disease and fear do not affect them at all.	ਤਾਂ (ਸੰਸਾਰ ਦਾ) ਕੋਈ ਦੁੱਖ ਕੋਈ ਰੋਗ ਕੋਈ ਡਰ ਮਨੁੱਖ ਉੱਤੇ ਆਪਣਾ ਪ੍ਰਭਾਵ ਨਹੀਂ ਪਾ ਸਕਦਾ,
7784	184	ਅੰਮ੍ਰਿਤ ਨਾਮੁ ਰਿਦੈ ਹਰਿ ਜਾਪੈ॥੧॥		Anmrith Naam Ridhai Har Jaapai ||1||	They meditate on the Ambrosial Name of the Lord within their hearts. ||1||	(ਕਿਉਂਕਿ) ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਆਪਣੇ ਹਿਰਦੇ ਵਿਚ ਜਪਦਾ ਰਹਿੰਦਾ ਹੈ ॥੧॥

7785	184	ਪਾਰਬ੍ਰਹਮੁ ਪਰਮੇਸੁਰੁ ਧਿਆਈਐ॥		Paarabreham Paramaesur Dhhiaaeeai ||	Meditate on the Supreme Lord God, the Transcendent Lord.	(ਹੇ ਭਾਈ!) ਅਕਾਲ ਪੁਰਖ ਪਰਮੇਸ਼ਰ ਦਾ ਸਿਮਰਨ ਕਰਨਾ ਚਾਹੀਦਾ ਹੈ।
7786	184	ਗੁਰ ਪੂਰੇ ਤੇ ਇਹ ਮਤਿ ਪਾਈਐ॥੧॥ਰਹਾਉ ॥		Gur Poorae Thae Eih Math Paaeeai ||1|| Rehaao ||	From the Perfect Guru, this understanding is obtained. ||1||Pause||	(ਸਿਮਰਨ ਦੀ) ਇਹ ਸੂਝ ਪੂਰੇ ਗੁਰੂ ਪਾਸੋਂ ਮਿਲਦੀ ਹੈ ॥੧॥ ਰਹਾਉ ॥
7787	184	ਕਰਣ ਕਰਾਵਨਹਾਰ ਦਇਆਲ॥		Karan Karaavanehaar Dhaeiaal ||	The Merciful Lord is the Doer, the Cause of causes.	ਜੋ ਸਭ ਕੁਝ ਕਰਨ ਦੀ ਸਮਰੱਥਾ ਰੱਖਦਾ ਹੈ, ਜੋ ਜੀਵਾਂ ਪਾਸੋਂ ਸਭ ਕੁਝ ਕਰਾਣ ਦੀ ਤਾਕਤ ਰੱਖਦਾ ਹੈ, ਜੋ ਦਇਆ ਦਾ ਘਰ ਹੈ,
7788	184	ਜੀਅ ਜੰਤ ਸਗਲੇ ਪ੍ਰਤਿਪਾਲ॥		Jeea Janth Sagalae Prathipaal ||	He cherishes and nurtures all beings and creatures.	ਜੋ ਸਾਰੇ ਜੀਵ ਜੰਤਾਂ ਦੀ ਪਾਲਣਾ ਕਰਦਾ ਹੈ,
7789	184	ਅਗਮ ਅਗੋਚਰ ਸਦਾ ਬੇਅੰਤਾ॥	(ਅਗੋਚਰ) ਸੁਤੰਤ੍ਰ(ਅਗਮ) (ਅ+ਗਮ) (ਗਮ) ਸੋਗ ਤੋਂ(ਅ) ਰਹਿਤ	Agam Agochar Sadhaa Baeanthaa ||	He is Inaccessible, Incomprehensible, Eternal and Infinite.	ਜੋ ਅਪਹੁੰਚ ਹੈ, ਜਿਸ ਤਕ ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਜਿਸ ਦੇ ਗੁਣਾਂ ਦਾ ਕਦੇ ਅੰਤ ਨਹੀਂ ਪੈ ਸਕਦਾ,
7790	184	ਸਿਮਰਿ ਮਨਾ ਪੂਰੇ ਗੁਰ ਮੰਤਾ॥੨॥	(ਮੰਤਾ) ਉਪਦੇਸ਼	Simar Manaa Poorae Gur Manthaa ||2||	Meditate on Him, O my mind, through the Teachings of the Perfect Guru. ||2||	ਹੇ (ਮੇਰੇ) ਮਨ! ਪੂਰੇ ਗੁਰੂ ਦੇ ਉਪਦੇਸ਼ ਉੱਤੇ ਤੁਰ ਕੇ ਉਸ (ਪਰਮਾਤਮਾ) ਨੂੰ ਸਿਮਰ ॥੨॥

7791	184	ਜਾ ਕੀ ਸੇਵਾ ਸਰਬ ਨਿਧਾਨੁ॥		Jaa Kee Saevaa Sarab Nidhhaan ||	Serving Him, all treasures are obtained.	ਜਿਸ ਦੀ ਸੇਵਾ-ਭਗਤੀ ਵਿਚ ਹੀ (ਜਗਤ ਦੇ) ਸਾਰੇ ਖ਼ਜ਼ਾਨੇ ਹਨ,
7792	184	ਪ੍ਰਭ ਕੀ ਪੂਜਾ ਪਾਈਐ ਮਾਨੁ॥		Prabh Kee Poojaa Paaeeai Maan ||	Worshipping God, honor is obtained.	ਜਿਸ ਹਰੀ ਦੀ ਪੂਜਾ ਕੀਤਿਆਂ (ਹਰ ਥਾਂ) ਆਦਰ-ਮਾਣ ਮਿਲਦਾ ਹੈ,
7793	184	ਜਾ ਕੀ ਟਹਲ ਨ ਬਿਰਥੀ ਜਾਇ॥	(ਟਹਲ) ਸੇਵਾ। (ਬਿਰਥੀ) ਬੇਅਰਥ	Jaa Kee Ttehal N Birathhee Jaae ||	Working for Him is never in vain;	ਤੇ ਜਿਸ ਦੀ ਕੀਤੀ ਹੋਈ ਸੇਵਾ ਨਿਸਫਲ ਨਹੀਂ ਜਾਂਦੀ
7794	184	ਸਦਾ ਸਦਾ ਹਰਿ ਕੇ ਗੁਣ ਗਾਇ॥੩॥		Sadhaa Sadhaa Har Kae Gun Gaae ||3||	Forever and ever, sing the Glorious Praises of the Lord. ||3||	(ਹੇ ਭਾਈ!) ਸਦਾ ਹੀ ਸਦਾ ਉਸ ਹਰੀ ਦੇ ਗੁਣ ਗਾਂਦਾ ਰਹੁ ॥੩॥
7795	184	ਕਰਿ ਕਿਰਪਾ ਪ੍ਰਭ ਅੰਤਰਜਾਮੀ॥		Kar Kirapaa Prabh Antharajaamee ||	Show Mercy to me, O God, O Searcher of hearts.	ਹੇ ਅੰਤਰਜਾਮੀ ਪ੍ਰਭੂ! ਮਿਹਰ ਕਰ,
7796	184	ਸੁਖ ਨਿਧਾਨ ਹਰਿ ਅਲਖ ਸੁਆਮੀ॥	(ਅ-ਲਖ) (ਅ+ਲਖ) (ਅ) ਵਿਸ਼ੇਸ਼ ਕਰਕੇ ਸਭ ਦੇ ਅੰਦਰ ਬਾਹਰ ਦੀ (ਲਖ) ਜਾਣ ਰਹੇ	Sukh Nidhhaan Har Alakh Suaamee ||	The Unseen Lord and Master is the Treasure of Peace.	ਹੇ ਸੁਖਾਂ ਦੇ ਖ਼ਜ਼ਾਨੇ ਪ੍ਰਭੂ! ਹੇ ਅਦ੍ਰਿਸ਼ਟ ਸੁਆਮੀ!
7797	184	ਜੀਅ ਜੰਤ ਤੇਰੀ ਸਰਣਾਈ॥		Jeea Janth Thaeree Saranaaee ||	All beings and creatures seek Your Sanctuary;	ਸਾਰੇ ਜੀਅ ਜੰਤ ਤੇਰੀ ਸਰਣ ਹਨ (ਤੇਰੇ ਹੀ ਆਸਰੇ ਹਨ, ਮੈਂ ਭੀ ਤੇਰੀ ਸਰਨ ਆਇਆ ਹਾਂ) ਮਿਹਰ ਕਰ।

7798	184	ਨਾਨਕ ਨਾਮੁ ਮਿਲੈ ਵਡਿਆਈ॥੪॥੨੫॥੯੪॥		Naanak Naam Milai Vaddiaaee ||4||25||94||	Nanak is blessed to receive the greatness of the Naam, the Name of the Lord. ||4||25||94||	ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰ ਤੇ ਆਖ-) ਮੈਨੂੰ ਤੇਰਾ ਨਾਮ ਮਿਲ ਜਾਏ (ਤੇਰਾ ਨਾਮ ਹੀ ਮੇਰਾ ਵਾਸਤੇ) ਵਡਿਆਈ ਹੈ ॥੪॥੨੫॥੯੪॥
7799	184	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7800	184	ਜੀਅ ਜੁਗਤਿ ਜਾ ਕੈ ਹੈ ਹਾਥ॥	(ਜੁਗਤਿ) ਪ੍ਰਬੰਧ	Jeea Jugath Jaa Kai Hai Haathh ||	Our way of life is in His Hands;	(ਹੇ ਭਾਈ!) ਜਿਸ ਦੇ ਹੱਥਾਂ ਵਿਚ ਸਭ ਜੀਵਾਂ ਦੀ ਜੀਵਨ-ਮਰਯਾਦਾ ਹੈ,
7801	184	ਸੋ ਸਿਮਰਹੁ ਅਨਾਥ ਕੋ ਨਾਥੁ॥		So Simarahu Anaathh Ko Naathh ||	Remember Him, the Master of the masterless.	ਉਸ ਅਨਾਥਾਂ ਦੇ ਨਾਥ ਪਰਮਾਤਮਾ ਦਾ ਸਿਮਰਨ ਕਰ।
7802	184	ਪ੍ਰਭ ਚਿਤਿ ਆਏ ਸਭੁ ਦੁਖੁ ਜਾਇ॥		Prabh Chith Aaeae Sabh Dhukh Jaae ||	When God comes to mind, all pains depart.	(ਹੇ ਭਾਈ!) ਜੇ ਪਰਮਾਤਮਾ (ਮਨੁੱਖ ਦੇ) ਮਨ ਵਿਚ ਵੱਸ ਪਏ ਤਾਂ (ਉਸ ਦਾ) ਹਰੇਕ ਦੁੱਖ ਦੂਰ ਹੋ ਜਾਂਦਾ ਹੈ।
7803	184	ਭੈ ਸਭ ਬਿਨਸਹਿ ਹਰਿ ਕੈ ਨਾਇ॥੧॥	(ਬਿਨਸਹਿ) ਨਾਸ ਹੋਣ	Bhai Sabh Binasehi Har Kai Naae ||1||	All fears are dispelled through the Name of the Lord. ||1||	ਪਰਮਾਤਮਾ ਦੇ ਨਾਮ ਦੀ ਬਰਕਤਿ ਨਾਲ ਸਾਰੇ ਡਰ ਨਾਸ ਹੋ ਜਾਂਦੇ ਹਨ ॥੧॥
7804	184	ਬਿਨੁ ਹਰਿ ਭਉ ਕਾਹੇ ਕਾ ਮਾਨਹਿ॥		Bin Har Bho Kaahae Kaa Maanehi ||	Why do you fear any other than the Lord?	(ਹੇ ਭਾਈ!) ਤੂੰ ਪਰਮਾਤਮਾ ਤੋਂ ਬਿਨਾ ਹੋਰ ਕਿਸੇ ਦਾ ਡਰ ਕਿਉਂ ਮੰਨਦਾ ਹੈਂ?

7805	184	ਹਰਿ ਬਿਸਰਤ ਕਾਹੇ ਸੁਖੁ ਜਾਨਹਿ॥੧॥ਰਹਾਉ॥		Har Bisarath Kaahae Sukh Jaanehi ||1|| Rehaao ||	Forgetting the Lord, why do you pretend to be at peace? ||1||Pause||	ਪਰਮਾਤਮਾ ਨੂੰ ਭੁਲਾ ਕੇ ਹੋਰ ਕੇਹੜਾ ਸੁਖ ਸਮਝਦਾ ਹੈਂ? ॥੧॥ ਰਹਾਉ ॥
7806	184	ਜਿਨਿ ਧਾਰੇ ਬਹੁ ਧਰਣਿ ਅਗਾਸ॥	(ਧਰਣਿ) ਧਰਤੀ	Jin Dhhaarae Bahu Dhharan Agaas ||	He established the many worlds and skies.	(ਹੇ ਭਾਈ!) ਉਸ ਪ੍ਰਭੂ ਨੂੰ ਸਦਾ ਸਿਮਰ, ਜਿਸ ਨੇ ਅਨੇਕਾਂ ਧਰਤੀਆਂ ਅਕਾਸ਼ਾਂ ਨੂੰ ਸਹਾਰਾ ਦਿੱਤਾ ਹੋਇਆ ਹੈ,
7807	184	ਜਾ ਕੀ ਜੋਤਿ ਜੀਅ ਪਰਗਾਸ॥		Jaa Kee Joth Jeea Paragaas ||	The soul is illumined with His Light;	ਜਿਸ ਦੀ ਜੋਤਿ ਸਾਰੇ ਜੀਵਾਂ ਵਿਚ ਚਾਨਣ ਕਰ ਰਹੀ ਹੈ।
7808	184	ਜਾ ਕੀ ਬਖਸ ਨ ਮੇਟੈ ਕੋਇ॥		Jaa Kee Bakhas N Maettai Koe ||	No one can revoke His Blessing.	ਤੇ ਜਿਸ ਦੀ (ਕੀਤੀ ਹੋਈ ਬਖ਼ਸ਼ਸ਼ ਨੂੰ ਕੋਈ ਮਿਟਾ ਨਹੀਂ ਸਕਦਾ) (ਕੋਈ ਰੋਕ ਨਹੀਂ ਸਕਦਾ)।
7809	184	ਸਿਮਰਿ ਸਿਮਰਿ ਪ੍ਰਭੁ ਨਿਰਭਉ ਹੋਇ॥੨॥		Simar Simar Prabh Nirabho Hoe ||2||	Meditate, meditate in remembrance on God, and become fearless. ||2||	(ਜੇਹੜਾ ਮਨੁੱਖ ਉਸ ਪ੍ਰਭੂ ਨੂੰ ਸਿਮਰਦਾ ਹੈ ਉਹ ਦੁਨੀਆ ਦੇ ਡਰਾਂ ਵਲੋਂ) ਨਿਡਰ ਹੋ ਜਾਂਦਾ ਹੈ ॥੨॥
7810	184	ਆਠ ਪਹਰ ਸਿਮਰਹੁ ਪ੍ਰਭ ਨਾਮੁ॥		Aath Pehar Simarahu Prabh Naam ||	O my mind, meditate on the One who is always with you.	(ਹੇ ਭਾਈ!) ਅੱਠੇ ਪਹਰ (ਹਰ ਵੇਲੇ) ਪ੍ਰਭੂ ਦਾ ਨਾਮ ਸਿਮਰਦਾ ਰਹੁ।

7811	184	ਅਨਿਕ ਤੀਰਥ ਮਜਨੁ ਇਸਨਾਨੁ॥	(ਮੱਜਨੁ) ਟੁੱਬੀ	Anik Theerathh Majan Eisanaan ||	In it are the many sacred shrines of pilgrimage and cleansing baths.	(ਇਹ ਸਿਮਰਨ ਹੀ) ਅਨੇਕਾਂ ਤੀਰਥਾਂ ਦਾ ਇਸ਼ਨਾਨ ਹੈ।
7812	184	ਪਾਰਬ੍ਰਹਮ ਕੀ ਸਰਣੀ ਪਾਹਿ॥		Paarabreham Kee Saranee Paahi ||	Seek the Sanctuary of the Supreme Lord God.	ਜੇ ਤੂੰ ਪਰਮਾਤਮਾ ਦੀ ਸ਼ਰਨ ਪੈ ਜਾਏਂ,
7813	184	ਕੋਟਿ ਕਲੰਕ ਖਿਨ ਮਹਿ ਮਿਟਿ ਜਾਹਿ॥੩॥	(ਕਲੰਕ) ਦੋਸ਼	Kott Kalank Khin Mehi Mitt Jaahi ||3||	Millions of mistakes shall be erased in an instant. ||3||	ਤਾਂ ਤੇਰੇ ਕ੍ਰੋੜਾਂ ਪਾਪ ਇਕ ਪਲ ਵਿਚ ਹੀ ਨਾਸ ਹੋ ਜਾਣ ॥੩॥
7814	184	ਬੇਮੁਹਤਾਜੁ ਪੂਰਾ ਪਾਤਿਸਾਹੁ॥	(ਬੇਮੁਹਤਾਜੁ) ਵੇਪਰਵਾਹ	Baemuhathaaj Pooraa Paathisaahu ||	The Perfect King is self-sufficient.	ਪਰਮਾਤਮਾ ਨੂੰ ਕਿਸੇ ਦੀ ਮੁਥਾਜੀ ਨਹੀਂ, ਉਹ ਸਭ ਗੁਣਾਂ ਦਾ ਮਾਲਕ ਹੈ, ਉਸ ਸਭ ਗੁਣਾਂ ਦਾ ਪਾਤਿਸ਼ਾਹ ਹੈ।
7815	184	ਪ੍ਰਭ ਸੇਵਕ ਸਾਚਾ ਵੇਸਾਹੁ॥	(ਵੇਸਾਹੁ) ਭਰੋਸਾ	Prabh Saevak Saachaa Vaesaahu ||	God's servant has true faith in Him.	ਪ੍ਰਭੂ ਦੇ ਸੇਵਕਾਂ ਨੂੰ ਪ੍ਰਭੂ ਦਾ ਅਟੱਲ ਭਰੋਸਾ ਰਹਿੰਦਾ ਹੈ।
7816	184	ਗੁਰਿ ਪੂਰੈ ਰਾਖੇ ਦੇ ਹਾਥ॥		Gur Poorai Raakhae Dhae Haathh ||	Giving him His Hand, the Perfect Guru protects him.	(ਹੇ ਭਾਈ!) ਪਰਮਾਤਮਾ ਪੂਰੇ ਗੁਰੂ ਦੀ ਰਾਹੀਂ (ਆਪਣੇ ਸੇਵਕਾਂ ਨੂੰ ਸਭ ਕਲੰਕਾਂ ਤੋਂ) ਹੱਥ ਦੇ ਕੇ ਬਚਾਂਦਾ ਹੈ।
7817	184	ਨਾਨਕ ਪਾਰਬ੍ਰਹਮ ਸਮਰਾਥ॥੪॥੨੬॥੯੫॥	ਸਭ ਕੁੱਝ ਕਰਨ ਨੂੰ (ਸਮਰਾਥ) ਸਮਰੱਥ	Naanak Paarabreham Samaraathh ||4||26||95||	O Nanak, the Supreme Lord God is All-powerful. ||4||26||95||	ਹੇ ਨਾਨਕ! ਪਰਮਾਤਮਾ ਸਭ ਤਾਕਤਾਂ ਦਾ ਮਾਲਕ ਹੈ ॥੪॥੨੬॥੯੫॥

7818	184	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7819	184	ਗੁਰ ਪਰਸਾਦਿ ਨਾਮਿ ਮਨੁ ਲਾਗਾ॥		Gur Parasaadh Naam Man Laagaa ||	Such is the True Guru, the Great Giver. ||1||	ਜਿਸ ਮਨੁੱਖ ਦਾ ਮਨ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਨਾਮ ਵਿਚ ਜੁੜਦਾ ਹੈ,
7820	184	ਜਨਮ ਜਨਮ ਕਾ ਸੋਇਆ ਜਾਗਾ॥		Janam Janam Kaa Soeiaa Jaagaa ||	Asleep for so many incarnations, it is now awakened.	ਉਹ ਜਨਮਾਂ ਜਨਮਾਂਤਰਾਂ ਦਾ (ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤਾ ਹੋਇਆ (ਭੀ) ਜਾਗ ਪੈਂਦਾ ਹੈ।
7821	184	ਅੰਮ੍ਰਿਤ ਗੁਣ ਉਚਰੈ ਪ੍ਰਭ ਬਾਣੀ॥	ਉੱਚਰੈ	Anmrith Gun Oucharai Prabh Baanee ||	I chant the Ambrosial Bani, the Glorious Praises of God.	(ਉਹ ਮਨੁੱਖ) ਪ੍ਰਭੂ ਦੇ ਆਤਮਕ ਜੀਵਨ ਦੇਣ ਵਾਲੇ ਗੁਣ ਉਚਾਰਦਾ ਹੈ, ਪ੍ਰਭੂ ਦੀ (ਸਿਫ਼ਤ-ਸਾਲਾਹ ਦੀ) ਬਾਣੀ ਉਚਾਰਦਾ ਹੈ,
7822	184	ਪੂਰੇ ਗੁਰ ਕੀ ਸੁਮਤਿ ਪਰਾਣੀ॥੧॥	(ਸੁ-ਮੱਤਿ) ਸ੍ਰੇਸ਼ਟ ਮੱਤ	Poorae Gur Kee Sumath Paraanee ||1||	The Pure Teachings of the Perfect Guru have been revealed to me. ||1||	ਜਿਸ ਪ੍ਰਾਣੀ ਨੂੰ ਪੂਰੇ ਗੁਰੂ ਦੀ ਸ੍ਰੇਸ਼ਟ ਮਤਿ ਪ੍ਰਾਪਤ ਹੁੰਦੀ ਹੈ ॥੧॥
7823	184	ਪ੍ਰਭ ਸਿਮਰਤ ਕੁਸਲ ਸਭਿ ਪਾਏ॥	(ਕੁਸਲ) ਸੁਖ	Prabh Simarath Kusal Sabh Paaeae ||	Meditating in remembrance on God, I have found total peace.	(ਜੇਹੜਾ ਮਨੁੱਖ ਪ੍ਰਭੂ ਦਾ ਸਿਮਰਨ ਕਰਦਾ ਹੈ) ਪ੍ਰਭੂ ਦਾ ਸਿਮਰਨ ਕਰਦਿਆਂ ਉਸ ਨੇ ਸਾਰੇ ਸੁਖ ਪ੍ਰਾਪਤ ਕਰ ਲਏ,

7824	184	ਘਰਿ ਬਾਹਰਿ ਸੁਖ ਸਹਜ ਸਬਾਏ॥੧॥ਰਹਾਉ॥	(ਸਬਾਏ) ਸਾਰੇ	Ghar Baahar Sukh Sehaj Sabaaeae ||1|| Rehaao ||	Within my home, and outside as well, there is peace and poise all around. ||1||Pause||	ਉਸ ਦੇ ਹਿਰਦੇ ਵਿਚ (ਭੀ) ਆਤਮਕ ਅਡੋਲਤਾ ਦੇ ਸਾਰੇ ਅਨੰਦ, ਜਗਤ ਨਾਲ ਵਰਤਦਿਆਂ ਭੀ ਉਸ ਨੂੰ ਆਤਮਕ ਅਡੋਲਤਾ ਦੇ ਸਾਰੇ ਆਨੰਦ (ਪ੍ਰਾਪਤ ਹੋ ਜਾਂਦੇ ਹਨ।) ॥੧॥ ਰਹਾਉ ॥
7825	184	ਸੋਈ ਪਛਾਤਾ ਜਿਨਹਿ ਉਪਾਇਆ॥		Soee Pashhaathaa Jinehi Oupaaeiaa ||	I have recognized the One who created me.	ਉਸ ਮਨੁੱਖ ਨੇ ਉਸੇ ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ, ਜਿਸ ਪ੍ਰਭੂ ਨੇ ਉਸ ਨੂੰ ਪੈਦਾ ਕੀਤਾ ਹੈ।
7826	184	ਕਰਿ ਕਿਰਪਾ ਪ੍ਰਭਿ ਆਪਿ ਮਿਲਾਇਆ॥		Kar Kirapaa Prabh Aap Milaaeiaa ||	Showing His Mercy, God has blended me with Himself.	ਪ੍ਰਭੂ ਨੇ ਮਿਹਰ ਕਰ ਕੇ ਉਸ ਮਨੁੱਖ ਨੂੰ ਆਪ (ਆਪਣੇ ਚਰਨਾਂ ਵਿਚ) ਜੋੜ ਲਿਆ।
7827	184	ਬਾਹ ਪਕਰਿ ਲੀਨੋ ਕਰਿ ਅਪਨਾ॥	ਬਾਂਹ	Baah Pakar Leeno Kar Apanaa ||	Taking me by the arm, He has made me His Own.	ਜਿਸ ਮਨੁੱਖ ਨੂੰ ਪ੍ਰਭੂ ਨੇ ਬਾਂਹ ਫੜ ਕੇ ਆਪਣਾ ਬਣਾ ਲਿਆ,
7828	184	ਹਰਿ ਹਰਿ ਕਥਾ ਸਦਾ ਜਪੁ ਜਪਨਾ॥੨॥		Har Har Kathhaa Sadhaa Jap Japanaa ||2||	I continually chant and meditate on the Sermon of the Lord, Har, Har. ||2||	ਉਹ ਮਨੁੱਖ ਸਦਾ ਪ੍ਰਭੂ ਦੀਆਂ ਸਿਫ਼ਤ-ਸਾਲਾਹ ਦੀਆਂ ਗੱਲਾਂ ਕਰਦਾ ਹੈ। ਪ੍ਰਭੂ ਦੇ ਨਾਮ ਦਾ ਜਾਪ ਜਪਦਾ ਹੈ ॥੨॥
7829	184	ਮੰਤ੍ਰੁ ਤੰਤ੍ਰੁ ਅਉਖਧੁ ਪੁਨਹਚਾਰੁ॥	(ਪੁਨਹ-ਚਾਰੁ) ਪੁੰਨ ਕਰਤੱਬ	Manthra Thanthra Aoukhadhh Punehachaar ||	Mantras, tantras, all-curing medicines and acts of atonement,	(ਮੋਹ ਦੀ ਨੀਂਦ ਦੂਰ ਕਰਨ ਲਈ ਪਰਮਾਤਮਾ ਦਾ ਨਾਮ ਹੀ ਉਸ ਦੇ ਵਾਸਤੇ) ਮੰਤਰ ਹੈ ਨਾਮ ਹੀ ਜਾਦੂ ਹੈ ਨਾਮ ਹੀ ਦਵਾਈ ਹੈ ਤੇ ਨਾਮ ਹੀ ਪ੍ਰਾਸ਼ਚਿਤ ਕਰਮ ਹੈ,

7830	185	ਹਰਿ ਹਰਿ ਨਾਮੁ ਜੀਅ ਪ੍ਰਾਨ ਅਧਾਰੁ॥	(ਅਧਾਰੁ) ਆਸਰਾ	Har Har Naam Jeea Praan Adhhaar ||	Are all in the Name of the Lord, Har, Har, the Support of the soul and the breath of life.	ਹਰੀ ਦਾ ਨਾਮ ਹੀ ਉਸ ਮਨੁੱਖ ਦੀ ਜ਼ਿੰਦਗੀ ਦਾ ਪ੍ਰਾਣਾਂ ਦਾ ਆਸਰਾ ਬਣ ਜਾਂਦਾ ਹੈ।
7831	185	ਸਾਚਾ ਧਨੁ ਪਾਇਓ ਹਰਿ ਰੰਗਿ॥	(ਰੰਗਿ) ਪ੍ਰੇਮ ਚ	Saachaa Dhhan Paaeiou Har Rang ||	Their actions are pure, and their lifestyle is true.	ਉਹ ਮਨੁੱਖ ਹਰੀ ਦੇ ਪ੍ਰੇਮ-ਰੰਗ ਵਿਚ (ਮਸਤ ਹੋ ਕੇ) ਸਦਾ ਨਾਲ ਨਿਭਣ ਵਾਲਾ ਨਾਮ-ਧਨ ਹਾਸਲ ਕਰ ਲੈਂਦਾ ਹੈ।
7832	185	ਦੁਤਰੁ ਤਰੇ ਸਾਧ ਕੈ ਸੰਗਿ॥੩॥	(ਦੁੱਤ-ਰੁ) ਤਰਨਾ ਔਖਾ	Dhuthar Tharae Saadhh Kai Sang ||3||	I have crossed over the treacherous world-ocean in the Saadh Sangat, the Company of the Holy. ||3||	ਜੇਹੜਾ ਮਨੁੱਖ ਗੁਰੂ ਦੀ ਸੰਗਤ ਵਿਚ ਰਹਿੰਦਾ ਹੈ, ਉਹ ਇਸ ਔਖੇ ਤਰੇ ਜਾਣ ਵਾਲੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੩॥
7833	185	ਸੁਖਿ ਬੈਸਹੁ ਸੰਤ ਸਜਨ ਪਰਵਾਰੁ॥	ਸੱਜਨ	Sukh Baisahu Santh Sajan Paravaar ||	Sit in peace, O Saints, with the family of friends.	ਹੇ ਸੰਤ ਜਨੋ! ਪਰਵਾਰ ਬਣ ਕੇ (ਮੇਰ-ਤੇਰ ਦੂਰ ਕਰ ਕੇ, ਪੂਰਨ ਪ੍ਰੇਮ ਨਾਲ) ਆਤਮਕ ਆਨੰਦ ਵਿਚ ਮਿਲ ਬੈਠੋ।
7834	185	ਹਰਿ ਧਨੁ ਖਟਿਓ ਜਾ ਕਾ ਨਾਹਿ ਸੁਮਾਰੁ॥	(ਸੁਮਾਰੁ) ਗਿਣਤੀ। ਖੱਟਿਓ	Har Dhhan Khattiou Jaa Kaa Naahi Sumaar ||	Earn the wealth of the Lord, which is beyond estimation.	(ਜੇਹੜਾ ਮਨੁੱਖ ਗੁਰਮੁਖਾਂ ਦੀ ਸੰਗਤਿ ਵਿਚ ਬੈਠਦਾ ਹੈ ਉਸ ਨੇ) ਉਹ ਹਰਿ-ਨਾਮ ਧਨ ਕਮਾ ਲਿਆ ਜਿਸ ਦਾ ਅੰਦਾਜ਼ਾ ਨਹੀਂ ਲੱਗ ਸਕਦਾ।
7835	185	ਜਿਸਹਿ ਪਰਾਪਤਿ ਤਿਸੁ ਗੁਰੁ ਦੇਇ॥		Jisehi Paraapath This Gur Dhaee ||	He alone obtains it, unto whom the Guru has bestowed it.	(ਪ੍ਰਭੂ ਦੀ ਮਿਹਰ ਨਾਲ) ਜਿਸ ਦੇ ਭਾਗਾਂ ਵਿਚ (ਨਾਮ-ਧਨ) ਲਿਖਿਆ ਹੋਇਆ ਹੈ, ਉਸ ਨੂੰ ਗੁਰੂ (ਨਾਮ-ਧਨ) ਦੇਂਦਾ ਹੈ।

7836	185	ਨਾਨਕ ਬਿਰਥਾ ਕੋਇ ਨ ਹੋਇ॥੪॥੨੭॥੯੬॥		Naanak Birathhaa Koe N Haee ||4||27||96||	O Nanak, no one shall go away empty-handed. ||4||27||96||	ਹੇ ਨਾਨਕ! (ਗੁਰੂ ਦੇ ਦਰ ਤੇ ਆ ਕੇ) ਕੋਈ ਮਨੁੱਖ ਖ਼ਾਲੀ ਨਹੀਂ ਰਹਿ ਜਾਂਦਾ ॥੪॥੨੭॥੯੬॥
7837	185	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7838	185	ਹਸਤ ਪੁਨੀਤ ਹੋਹਿ ਤਤਕਾਲ॥	(ਹਸਤ) ਹੱਥ। (ਤਤਕਾਲ) ਤੁਰੰਤ	Hasath Puneeth Hohi Thathakaal ||	The hands are sanctified instantly,	(ਪ੍ਰਭੂ ਦੀ ਸਿਫ਼ਤ ਲਿਖ ਕੇ) ਉਸੇ ਵੇਲੇ ਤੇਰੇ ਹੱਥ ਪਵਿਤ੍ਰ ਹੋ ਜਾਣਗੇ।
7839	185	ਬਿਨਸਿ ਜਾਹਿ ਮਾਇਆ ਜੰਜਾਲ॥	(ਬਿਨਸਿ) ਨਾਸ। (ਜੰਜਾਲ) ਬੰਧਨ	Binas Jaahi Maaeiaa Janjaal ||	And the entanglements of Maya are dispelled.	ਤੇਰੇ ਮਾਇਆ (ਦੇ ਮੋਹ) ਦੇ ਫਾਹੇ ਦੂਰ ਹੋ ਜਾਣਗੇ।
7840	185	ਰਸਨਾ ਰਮਹੁ ਰਾਮ ਗੁਣ ਨੀਤ॥	(ਰਮਹੁ) ਸਿਮਰੋ। (ਨੀਤ) ਨਿੱਤ	Rasanaa Ramahu Raam Gun Neeth ||	Repeat constantly with your tongue the Glorious Praises of the Lord,	ਆਪਣੀ ਜੀਭ ਨਾਲ ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੁਣ ਗਾਂਦਾ ਰਹੁ,
7841	185	ਸੁਖੁ ਪਾਵਹੁ ਮੇਰੇ ਭਾਈ ਮੀਤ॥੧॥		Sukh Paavahu Maerae Bhaaee Meeth ||1||	And you shall find peace, O my friends, O Siblings of Destiny. ||1||	ਹੇ ਮੇਰੇ ਵੀਰ! ਹੇ ਮੇਰੇ ਮਿੱਤਰ! ਤੂੰ ਆਤਮਕ ਆਨੰਦ ਮਾਣੇਂਗਾ ॥੧॥
7842	185	ਲਿਖੁ ਲੇਖਣਿ ਕਾਗਦਿ ਮਸਵਾਣੀ॥	(ਲੇਖਣਿ) ਕਲਮ। (ਮਸਵਾਣੀ) ਦਵਾਤ	Likh Laekhan Kaagadh Masavaanee ||	With pen and ink, write upon your paper	(ਹੇ ਮੇਰ ਵੀਰ! ਆਪਣੀ 'ਸੁਰਤਿ' ਦੀ) ਕਲਮ (ਲੈ ਕੇ ਆਪਣੀ 'ਕਰਣੀ' ਦੇ) ਕਾਗ਼ਜ਼ ਉਤੇ ('ਮਨ' ਦੀ) ਦਵਾਤ ਨਾਲ ਪਰਮਾਤਮਾ ਦਾ ਨਾਮ ਲਿਖ,

7843	185	ਰਾਮ ਨਾਮ ਹਰਿ ਅੰਮ੍ਰਿਤ ਬਾਣੀ॥੧॥ਰਹਾਉ॥		Raam Naam Har Anmrith Baanee ||1|| Rehaao ||	He is Inaccessible, Incomprehensible, Eternal and Infinite.	ਆਤਮਕ ਜੀਵਨ ਦੇਣ ਵਾਲੀ ਸਿਫ਼ਤ-ਸਾਲਾਹ ਦੀ ਬਾਣੀ ਲਿਖ ॥੧॥ ਰਹਾਉ ॥
7844	185	ਇਹ ਕਾਰਜਿ ਤੇਰੇ ਜਾਹਿ ਬਿਕਾਰ॥		Eih Kaaraj Thaerae Jaahi Bikaar ||	By this act, your sins shall be washed away.	(ਹੇ ਮੇਰੇ ਵੀਰ! ਹੇ ਮੇਰੇ ਮਿੱਤਰ!) ਇਸ ਕੰਮ ਦੇ ਕਰਨ ਨਾਲ ਤੇਰੇ (ਅੰਦਰੋਂ) ਵਿਕਾਰ ਨੱਸ ਜਾਣਗੇ।
7845	185	ਸਿਮਰਤ ਰਾਮ ਨਾਹੀ ਜਮ ਮਾਰ॥		Simarath Raam Naahee Jam Maar ||	Remembering the Lord in meditation, you shall not be punished by the Messenger of Death.	ਪਰਮਾਤਮਾ ਦਾ ਨਾਮ ਸਿਮਰਿਆਂ (ਤੇਰੇ ਵਾਸਤੇ) ਆਤਮਕ ਮੌਤ ਨਹੀਂ ਰਹੇਗੀ।
7846	185	ਧਰਮਰਾਇ ਕੇ ਦੂਤ ਨ ਜੋਹੈ॥	(ਜੋਹੈ) ਤੱਕਣਗੇ	Dhharam Raae Kae Dhooth N Johai ||	The couriers of the Righteous Judge of Dharma shall not touch you.	(ਕਾਮਾਦਿਕ) ਦੂਤ ਜੋ ਧਰਮਰਾਜ ਦੇ ਵੱਸ ਪਾਂਦੇ ਹਨ ਤੇਰੇ ਵਲ ਤੱਕ ਨਹੀਂ ਸਕਣਗੇ,
7847	185	ਮਾਇਆ ਮਗਨ ਨ ਕਛੂਐ ਮੋਹੈ॥੨॥	(ਮਗਨ) ਮਸਤ। ਕਛੂਐ:ਪੋਲਾ ਬੋਲੋ। (ਕਛੂਐ) ਕੁੱਝ	Maaeiaa Magan N Kashhooai Mohai ||2||	The intoxication of Maya shall not entice you at all. ||2||	ਤੂੰ ਮਾਇਆ (ਦੇ ਮੋਹ) ਵਿਚ ਨਹੀਂ ਡੁੱਬੇਂਗਾ, ਕੋਈ ਭੀ ਚੀਜ਼ ਤੈਨੂੰ ਮੋਹ ਨਹੀਂ ਸਕੇਗੀ ॥੨॥
7848	185	ਉਧਰਹਿ ਆਪਿ ਤਰੈ ਸੰਸਾਰੁ॥		Oudhharehi Aap Tharai Sansaar ||	You shall be redeemed, and through you, the whole world shall be saved,	(ਰਾਮ ਨਾਮ ਜਪ ਕੇ) ਤੂੰ ਆਪ (ਵਿਕਾਰਾਂ ਤੋਂ) ਬਚ ਜਾਏਂਗਾ, (ਤੇਰੀ ਸੰਗਤਿ ਵਿਚ) ਜਗਤ ਭੀ (ਵਿਕਾਰਾਂ ਦੇ ਸਮੁੰਦਰ ਤੋਂ) ਪਾਰ ਲੰਘ ਜਾਇਗਾ।

7849	185	ਰਾਮ ਨਾਮ ਜਪਿ ਏਕੰਕਾਰੁ॥		Raam Naam Jap Eaekankaar ||	If you chant the Name of the One and Only Lord.	ਪਰਮਾਤਮਾ ਦਾ ਨਾਮ ਜਪ, ਇਕ ਓਅੰਕਾਰ ਨੂੰ ਸਿਮਰਦਾ ਰਹੁ।
7850	185	ਆਪਿ ਕਮਾਉ ਅਵਰਾ ਉਪਦੇਸ॥		Aap Kamaao Avaraa Oupadhaes ||	Practice this yourself, and teach others;	(ਹੇ ਮੇਰੇ ਵੀਰ! ਤੂੰ ਆਪ ਨਾਮ ਸਿਮਰਨ ਦੀ ਕਮਾਈ ਕਰ, ਹੋਰਨਾਂ ਨੂੰ ਭੀ ਉਪਦੇਸ਼ ਕਰ,
7851	185	ਰਾਮ ਨਾਮ ਹਿਰਦੈ ਪਰਵੇਸ॥੩॥		Raam Naam Hiradhai Paravaes ||3||	All beings and creatures seek Your Sanctuary;	ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾ ॥੩॥
7852	185	ਜਾ ਕੈ ਮਾਥੈ ਏਹੁ ਨਿਧਾਨੁ॥		Jaa Kai Maathhai Eaehu Nidhhaan ||	That person, who has this treasure upon his forehead	(ਪਰ ਹੇ ਮੇਰੇ ਵੀਰ!) ਉਹੀ ਮਨੁੱਖ ਭਗਵਾਨ ਨੂੰ ਯਾਦ ਕਰਦਾ ਹੈ ਜਿਸ ਦੇ ਮੱਥੇ ਉਤੇ (ਭਗਵਾਨ ਦੀ ਕਿਰਪਾ ਨਾਲ) ਇਹ ਖ਼ਜ਼ਾਨਾ (ਪ੍ਰਾਪਤ ਕਰਨ ਦਾ ਲੇਖ ਲਿਖਿਆ ਹੋਇਆ) ਹੈ।
7853	185	ਸੋਈ ਪੁਰਖੁ ਜਪੈ ਭਗਵਾਨੁ॥		Soee Purakh Japai Bhagavaan ||	That person meditates on God.	ਹੇ ਨਾਨਕ ਆਖ-ਮੈਂ ਉਸ ਮਨੁੱਖ ਤੋਂ ਕੁਰਬਾਨ ਜਾਂਦਾ ਹਾਂ, ਜੇਹੜਾ ਅੱਠੇ ਪਹਰ (ਹਰ ਵੇਲੇ) ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੮॥੨੮॥੯੭॥
7854	185	ਆਠ ਪਹਰ ਹਰਿ ਹਰਿ ਗੁਣ ਗਾਉ॥		Aath Pehar Har Har Gun Gaao ||	Twenty-four hours a day, chant the Glorious Praises of the Lord, Har, Har.	ਰਾਗ ਗਉੜੀ-ਗੁਆਰੇਰੀ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਦੋ-ਪਦਿਆਂ ਵਾਲੀ ਬਾਣੀ।

7855	185	ਕਹੁ ਨਾਨਕ ਹਉ ਤਿਸੁ ਬਲਿ ਜਾਉ॥੪॥੨੮॥੯੭॥		Kahu Naanak Ho This Bal Jaao ||4||28||97||	Says Nanak, I am a sacrifice to Him. ||4||28||97||	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
7856	185	ਰਾਗੁ ਗਉੜੀ ਗੁਆਰੇਰੀ ਮਹਲਾ ੫ ਚਉਪਦੇ ਦੁਪਦੇ	ਚਉ-ਪਦੇ, ਦੁ-ਪਦੇ	Raag Gourree Guaaraeree Mehalaa 5 Choupadhae Dhupadhae	Raag Gauree Gwaarayree, Fifth Mehl, Chau-Padas, Du-Padas:	
7857	185	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	
7858	185	ਜੋ ਪਰਾਇਓ ਸੋਈ ਅਪਨਾ॥		Jo Paraaeiou Soee Apanaa ||	That which belongs to another - he claims as his own.	(ਮਾਲ-ਧਨ ਆਦਿਕ) ਜੋ (ਆਖ਼ਿਰ) ਬਿਗਾਨਾ ਹੋ ਜਾਣਾ ਹੈ, ਉਸ ਨੂੰ ਅਸੀਂ ਆਪਣਾ ਮੰਨੀ ਬੈਠੇ ਹਾਂ,
7859	185	ਜੋ ਤਜਿ ਛੋਡਨ ਤਿਸੁ ਸਿਉ ਮਨੁ ਰਚਨਾ॥੧॥		Jo Thaj Shhoddan This Sio Man Rachanaa ||1||	That which he must abandon - to that, his mind is attracted. ||1||	ਸਾਡਾ ਮਨ ਉਸ (ਮਾਲ-ਧਨ) ਨਾਲ ਮਸਤ ਰਹਿੰਦਾ ਹੈ, ਜਿਸ ਨੂੰ (ਆਖ਼ਿਰ) ਛੱਡ ਜਾਣਾ ਹੈ ॥੧॥
7860	185	ਕਹਹੁ ਗੁਸਾਈ ਮਿਲੀਐ ਕੇਹ॥	(ਕੇਹ) ਕਿਵੇਂ	Kehahu Gusaaee Mileeai Kaeh ||	Tell me, how can he meet the Lord of the World?	(ਹੇ ਭਾਈ!) ਦੱਸੋ, ਅਸੀਂ ਖਸਮ-ਪ੍ਰਭੂ ਨੂੰ ਕਿਵੇਂ ਮਿਲ ਸਕਦੇ ਹਾਂ,

7861	185	ਜੋ ਬਿਬਰਜਤ ਤਿਸ ਸਿਉ ਨੇਹ॥੧॥ਰਹਾਉ॥	ਜਿਨ੍ਹਾਂ ਔਗੁਣਾਂ ਤੋਂ ਪੂਰਨ ਗੁਰੂ ਜੀ (ਬਿ-ਬਰਜਤ) (ਬਿ) ਵਿਸ਼ੇਸ਼ (ਬਰਜਤ) ਵਰਜਦੇ ਹਨ	Jo Bibarajath This Sio Naeh ||1|| Rehaao ||	That which is forbidden - with that, he is in love. ||1||Pause||	ਜੇ ਸਾਡਾ (ਸਦਾ) ਉਸ ਮਾਇਆ ਨਾਲ ਪਿਆਰ ਹੈ, ਜਿਸ ਵਲੋਂ ਸਾਨੂੰ ਵਰਜਿਆ ਹੋਇਆ ਹੈ? ॥੧॥ ਰਹਾਉ ॥
7862	185	ਝੂਠੁ ਬਾਤ ਸਾ ਸਚੁ ਕਰਿ ਜਾਤੀ॥		Jhooth Baath Saa Sach Kar Jaathee ||	That which is false - he deems as true.	(ਇਹ ਖ਼ਿਆਲ ਝੂਠਾ ਹੈ ਕਿ ਅਸਾਂ ਇਥੇ ਸਦਾ ਬਹਿ ਰਹਿਣਾ ਹੈ, ਪਰ ਇਹ) ਜੋ ਝੂਠੀ ਗੱਲ ਹੈ ਇਸ ਨੂੰ ਅਸਾਂ ਠੀਕ ਸਮਝਿਆ ਹੋਇਆ ਹੈ,
7863	185	ਸਤਿ ਹੋਵਨੁ ਮਨਿ ਲਗੈ ਨ ਰਾਤੀ॥੨॥	(ਰੱਤੀ) ਰੱਤੀ ਮਾਤ੍ਰ। ਸੱਤਿ ਲੱਗੈ	Sath Hovan Man Lagai N Raathee ||2||	That which is true - his mind is not attached to that at all. ||2||	(ਮੌਤ) ਜੋ ਜ਼ਰੂਰ ਵਾਪਰਨੀ ਹੈ ਉਹ ਸਾਡੇ ਮਨ ਵਿਚ ਰਤਾ ਭਰ ਭੀ ਨਹੀਂ ਜਚਦੀ ॥੨॥
7864	185	ਬਾਵੈ ਮਾਰਗੁ ਟੇਢਾ ਚਲਨਾ॥	(ਬਾਵੈ) ਉਲਟਾ	Baavai Maarag Ttaedtaa Chalanaa ||	He takes the crooked path of the unrighteous way;	(ਮੰਦੇ ਪਾਸੇ ਪਿਆਰ ਪਾਣ ਦੇ ਕਾਰਨ) ਅਸਾਂ ਮੰਦੇ ਪਾਸੇ ਜੀਵਨ ਰਸਤਾ ਮੱਲਿਆ ਹੋਇਆ ਹੈ, ਅਸੀਂ ਜੀਵਨ ਦੀ ਵਿੰਗੀ ਚਾਲ ਚੱਲ ਰਹੇ ਹਾਂ।
7865	185	ਸੀਧਾ ਛੋਡਿ ਅਪੂਠਾ ਬੁਨਨਾ॥੩॥	(ਅਪੂਠਾ) ਪੁੱਠਾ	Seedhhaa Shhodd Apoothaa Bunanaa ||3||	Leaving the straight and narrow path, he weaves his way backwards. ||3||	ਜੀਵਨ ਦਾ ਸਿੱਧਾ ਰਾਹ ਛੱਡ ਕੇ ਅਸੀਂ ਜੀਵਨ-ਤਾਣੀ ਦੀ ਪੁੱਠੀ ਬੁਣਤ ਬੁਣ ਰਹੇ ਹਾਂ ॥੩॥
7866	185	ਦੁਹਾ ਸਿਰਿਆ ਕਾ ਖਸਮੁ ਪ੍ਰਭੁ ਸੋਈ॥		Dhuhaa Siriaa Kaa Khasam Prabh Soee ||	God is the Lord and Master of both worlds.	(ਜੀਵਾਂ ਦੇ ਭੀ ਕੀਹ ਵੱਸ?) (ਜੀਵਨ ਦੇ ਚੰਗੇ ਤੇ ਮੰਦੇ) ਦੋਹਾਂ ਪਾਸਿਆਂ ਦਾ ਮਾਲਕ ਪਰਮਾਤਮਾ ਆਪ ਹੀ ਹੈ।

7867	185	ਜਿਸੁ ਮੇਲੇ ਨਾਨਕ ਸੋ ਮੁਕਤਾ ਹੋਈ॥੪॥੨੯॥੯੮॥		Jis Maelae Naanak So Mukathaa Hoee ||4||29||98||	He, whom the Lord unites with Himself, O Nanak, is liberated. ||4||29||98||	(ਪਰ) ਹੇ ਨਾਨਕ! ਜਿਸ ਮਨੁੱਖ ਨੂੰ ਪਰਮਾਤਮਾ (ਆਪਣੇ ਚਰਨਾਂ ਵਿਚ) ਜੋੜਦਾ ਹੈ, ਉਹ ਮੰਦੇ ਪਾਸੇ ਵਲੋਂ ਬਚ ਜਾਂਦਾ ਹੈ ॥੪॥੨੯॥੯੮॥
7868	185	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7869	185	ਕਲਿਜੁਗ ਮਹਿ ਮਿਲਿ ਆਏ ਸੰਜੋਗ॥	(ਸੰਜੋਗ) ਸਬੰਧ	Kalijug Mehi Mil Aaeae Sanjog ||	In the Dark Age of Kali Yuga, they come together through destiny.	ਇਸ ਕਲੇਸ਼ਾਂ-ਵੇੜ੍ਹੀ ਦੁਨੀਆ ਵਿਚ (ਇਸਤਰੀ ਤੇ ਪਤੀ) ਪਿਛਲੇ ਸੰਬੰਧਾਂ ਦੇ ਕਾਰਨ ਮਿਲ ਕੇ ਆ ਇਕੱਠੇ ਹੁੰਦੇ ਹਨ।
7870	185	ਜਿਚਰੁ ਆਗਿਆ ਤਿਚਰੁ ਭੋਗਹਿ ਭੋਗ॥੧॥		Jichar Aagiaa Thichar Bhogehi Bhog ||1||	As long as the Lord commands, they enjoy their pleasures. ||1||	ਜਿਤਨਾ ਚਿਰ (ਪਰਮਾਤਮਾ ਵਲੋਂ) ਹੁਕਮ ਮਿਲਦਾ ਹੈ ਉਤਨਾ ਚਿਰ (ਦੋਵੇਂ ਮਿਲ ਕੇ ਜਗਤ ਦੇ) ਪਦਾਰਥ ਮਾਣਦੇ ਹਨ ॥੧॥
7871	185	ਜਲੈ ਨ ਪਾਈਐ ਰਾਮ ਸਨੇਹੀ॥	ਅੱਗ ਚ (ਜਲੈ) ਜਲਣ ਨਾਲ	Jalai N Paaeeai Raam Sanaehee ||	By burning oneself, the Beloved Lord is not obtained.	(ਅੱਗ ਵਿਚ) ਸੜਨ ਨਾਲ ਪਿਆਰ ਕਰਨ ਵਾਲਾ ਪਤੀ ਨਹੀਂ ਮਿਲ ਸਕਦਾ,
7872	185	ਕਿਰਤਿ ਸੰਜੋਗਿ ਸਤੀ ਉਠਿ ਹੋਈ॥੧॥ਰਹਾਉ॥	ਸਤੀ: ਪੋਲਾ ਬੋਲੋ	Kirath Sanjog Sathee Outh Hoee ||1|| Rehaao ||	Gauree Gwaarayree, Fifth Mehl:	(ਆਪਣੇ ਮਰੇ ਪਤੀ ਨਾਲ ਮੁੜ) ਕੀਤੇ ਜਾ ਸਕਣ ਵਾਲੇ ਮਿਲਾਪ ਦੀ ਖ਼ਾਤਰ (ਇਸਤਰੀ) ਉੱਠ ਕੇ ਸਤੀ ਹੋ ਜਾਂਦੀ ਹੈ, (ਪਤੀ ਦੀ ਚਿਖ਼ਾ ਵਿਚ ਫ਼ਜ਼ੂਲ ਹੀ ਸੜ ਮਰਦੀ ਹੈ) ॥੧॥ ਰਹਾਉ ॥

7873	185	ਦੇਖਾ ਦੇਖੀ ਮਨ ਹਠਿ ਜਲਿ ਜਾਈਐ॥	ਹਠਿ: ਪੋਲਾ ਬੋਲੋ	Dhaekhaa Dhaekhee Manehath Jal Jaaeeai ||	Imitating what she sees, with her stubborn mind-set, she goes into the fire.	ਇਕ ਦੂਜੀ ਨੂੰ ਵੇਖ ਕੇ ਮਨ ਦੇ ਹਠ ਨਾਲ (ਹੀ) ਸੜ ਜਾਈਦਾ ਹੈ (ਪਰ ਮਰੇ ਪਤੀ ਦੀ ਚਿਖ਼ਾ ਵਿਚ ਸੜ ਕੇ ਇਸਤਰੀ ਆਪਣੇ) ਪਿਆਰੇ ਦਾ ਸਾਥ ਨਹੀਂ ਪ੍ਰਾਪਤ ਕਰ ਸਕਦੀ।
7874	185	ਪ੍ਰਿਅ ਸੰਗੁ ਨ ਪਾਵੈ ਬਹੁ ਜੋਨਿ ਭਵਾਈਐ॥੨॥	(ਭਵਾਈਐ) ਭਟਕਦੇ	Pria Sang N Paavai Bahu Jon Bhavaaeeai ||2||	She does not obtain the Company of her Beloved Lord, and she wanders through countless incarnations. ||2||	(ਇਸ ਤਰ੍ਹਾਂ ਸਗੋਂ) ਕਈ ਜੂਨਾਂ ਵਿਚ ਹੀ ਭਟਕੀਦਾ ਹੈ ॥੨॥
7875	185	ਸੀਲ ਸੰਜਮਿ ਪ੍ਰਿਅ ਆਗਿਆ ਮਾਨੈ॥		Seel Sanjam Pria Aagiaa Maanai ||	I chant the Ambrosial Bani, the Glorious Praises of God.	ਜੇਹੜੀ ਇਸਤਰੀ ਮਿੱਠੇ ਸੁਭਾਵ ਦੀ ਜੁਗਤਿ ਵਿਚ ਰਹਿ ਕੇ (ਆਪਣੇ) ਪਿਆਰੇ (ਪਤੀ) ਦਾ ਹੁਕਮ ਮੰਨਦੀ ਰਹਿੰਦੀ ਹੈ,
7876	185	ਤਿਸੁ ਨਾਰੀ ਕਉ ਦੁਖੁ ਨ ਜਮਾਨੈ॥੩॥	(ਜਮਾਨੈ) ਸੰਸਾਰ ਚ , ਜਮਾਂ ਦਾ	This Naaree Ko Dhukh N Jamaanai ||3||	That woman shall not suffer pain at the hands of the Messenger of Death. ||3||	ਉਸ ਇਸਤ੍ਰੀ ਨੂੰ ਜਮਾਂ ਦਾ ਦੁੱਖ ਨਹੀਂ ਪੋਹ ਸਕਦਾ ॥੩॥
7877	185	ਕਹੁ ਨਾਨਕ ਜਿਨਿ ਪ੍ਰਿਉ ਪਰਮੇਸਰੁ ਕਰਿ ਜਾਨਿਆ॥	(ਪ੍ਰਿਉ) ਪਤੀ	Kahu Naanak Jin Prio Paramaesar Kar Jaaniaa ||	Says Nanak, she who looks upon the Transcendent Lord as her Husband,	ਨਾਨਕ ਆਖਦਾ ਹੈ- ਜਿਸ (ਇਸਤ੍ਰੀ) ਨੇ ਆਪਣੇ ਪਤੀ ਨੂੰ ਹੀ ਇੱਕ ਖਸਮ ਕਰ ਕੇ ਸਮਝਿਆ ਹੈ (ਭਾਵ, ਸਿਰਫ਼ ਆਪਣੇ ਪਤੀ ਵਿਚ ਹੀ ਪਤੀ-ਭਾਵਨਾ ਰੱਖੀ ਹੈ) ਜਿਵੇਂ ਭਗਤ ਦਾ ਪਤੀ ਇੱਕ ਪਰਮਾਤਮਾ ਹੈ,

7878	185	ਧੰਨੁ ਸਤੀ ਦਰਗਹ ਪਰਵਾਨਿਆ॥੪॥੩੦॥੯੯॥		Dhhann Sathee Dharageh Paravaaniaa ||4||30||99||	Within my home, and outside as well, there is peace and poise all around. ||1||Pause||	ਉਹ ਇਸਤ੍ਰੀ ਅਸਲੀ ਸਤੀ ਹੈ, ਉਹ ਭਾਗਾਂ ਵਾਲੀ ਹੈ, ਉਹ ਪਰਮਾਤਮਾ ਦੀ ਹਜ਼ੂਰੀ ਵਿਚ ਕਬੂਲ ਹੈ ॥੪॥੩੦॥੯੯॥
7879	185	ਗਉੜੀ ਗੁਆਰੇਰੀ ਮਹਲਾ ੫॥		Gourree Guaaraeree Mehalaa 5 ||	Gauree Gwaarayree, Fifth Mehl:	
7880	185	ਹਮ ਧਨਵੰਤ ਭਾਗਠ ਸਚ ਨਾਇ॥	(ਧਨਵੰਤ) ਧਨ ਵਾਲੇ। (ਭਾਗਠ) ਭਾਗਾਂ ਵਾਲੇ	Ham Dhhanavanth Bhaagath Sach Naae ||	I am prosperous and fortunate, for I have received the True Name.	ਸਦਾ-ਥਿਰ ਪ੍ਰਭੂ ਦੇ ਨਾਮ ਦੀ ਬਰਕਤਿ ਨਾਲ ਅਸੀਂ (ਪਰਮਾਤਮਾ ਦੇ ਨਾਮ-ਧਨ ਦੇ) ਧਨੀ ਬਣਦੇ ਜਾ ਰਹੇ ਹਾਂ, ਭਾਗਾਂ ਵਾਲੇ ਬਣਦੇ ਜਾ ਰਹੇ ਹਾਂ,
7881	185	ਹਰਿ ਗੁਣ ਗਾਵਹ ਸਹਜਿ ਸੁਭਾਇ॥੧॥ਰਹਾਉ॥	(ਸੁਭਾਇ) ਸ੍ਰੇਸ਼ਟ ਪ੍ਰੇਮ ਚ	Har Gun Gaaveh Sehaj Subhaae ||1|| Rehaao ||	I sing the Glorious Praises of the Lord, with natural, intuitive ease. ||1||Pause||	(ਜਿਉਂ ਜਿਉਂ) ਅਸੀਂ ਪਰਮਾਤਮਾ ਦੇ ਗੁਣ (ਮਿਲ ਕੇ) ਗਾਂਦੇ ਹਾਂ, ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਾਂ, ਪ੍ਰੇਮ ਵਿਚ ਮਗਨ ਰਹਿੰਦੇ ਹਾਂ ॥੧॥ ਰਹਾਉ ॥
7882	186	ਪੀਊ ਦਾਦੇ ਕਾ ਖੋਲਿ ਡਿਠਾ ਖਜਾਨਾ॥		Peeoo Dhaadhae Kaa Khol Ddithaa Khajaanaa ||	When I opened it up and gazed upon the treasures of my father and grandfather,	ਜਦੋਂ ਮੈਂ ਗੁਰੂ ਨਾਨਕ ਦੇਵ ਤੋਂ ਲੈ ਕੇ ਸਾਰੇ ਗੁਰੂ ਸਾਹਿਬਾਨ ਦਾ ਬਾਣੀ ਦਾ ਖ਼ਜ਼ਾਨਾ ਖੋਲ੍ਹ ਕੇ ਵੇਖਿਆ,
7883	186	ਤਾ ਮੇਰੈ ਮਨਿ ਭਇਆ ਨਿਧਾਨਾ॥੧॥	(ਨਿਧਾਨਾ) ਆਤਮ ਸੁਖ	Thaa Maerai Man Bhaeiaa Nidhhaanaa ||1||	Then my mind became very happy. ||1||	ਤਦੋਂ ਮੇਰੇ ਮਨ ਵਿਚ ਆਤਮਕ ਆਨੰਦ ਦਾ ਭੰਡਾਰ ਭਰਿਆ ਗਿਆ ॥੧॥

7884	186	ਰਤਨ ਲਾਲ ਜਾ ਕਾ ਕਛੂ ਨ ਮੋਲੁ॥		Rathan Laal Jaa Kaa Kashhoo N Mol ||	The storehouse is inexhaustible and immeasurable,	ਇਸ ਖ਼ਜ਼ਾਨੇ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਅਮੋਲਕ ਰਤਨਾਂ ਲਾਲਾਂ ਦੇ-
7885	186	ਭਰੇ ਭੰਡਾਰ ਅਖੂਟ ਅਤੋਲ॥੨॥	(ਅਖੂਟ) ਮੁੱਕਣ ਰਹਿਤ। (ਅਤੋਲ) ਤੁਲਣ ਰਹਿਤ	Bharae Bhanddaar Akhootт Athol ||2||	Overflowing with priceless jewels and rubies. ||2||	ਭੰਡਾਰੇ ਭਰੇ ਹੋਏ (ਮੈਂ ਵੇਖੇ), ਜੇਹੜੇ ਕਦੇ ਮੁੱਕ ਨਹੀਂ ਸਕਦੇ, ਜੇਹੜੇ, ਤੋਲੇ ਨਹੀਂ ਜਾ ਸਕਦੇ ॥੨॥
7886	186	ਖਾਵਹਿ ਖਰਚਹਿ ਰਲਿ ਮਿਲਿ ਭਾਈ॥		Khaavehi Kharachehi Ral Mil Bhaaee ||	The Siblings of Destiny meet together, and eat and spend,	ਹੇ ਭਾਈ! ਜੇਹੜੇ ਮਨੁੱਖ (ਸਤਸੰਗ ਵਿਚ) ਇਕੱਠੇ ਹੋ ਕੇ ਇਹਨਾਂ ਭੰਡਾਰਿਆਂ ਨੂੰ ਆਪ ਵਰਤਦੇ ਹਨ ਤੇ ਹੋਰਨਾਂ ਨੂੰ ਭੀ ਵੰਡਦੇ ਹਨ,
7887	186	ਤੋਟਿ ਨ ਆਵੈ ਵਧਦੋ ਜਾਈ॥੩॥		Thott N Aavai Vadhhadho Jaaee ||3||	But these resources do not diminish; they continue to increase. ||3||	ਉਹਨਾਂ ਦੇ ਪਾਸ ਇਸ ਖ਼ਜ਼ਾਨੇ ਦੀ ਕਮੀ ਨਹੀਂ ਹੁੰਦੀ, ਸਗੋਂ ਹੋਰ ਹੋਰ ਵਧਦਾ ਹੈ ॥੩॥
7888	186	ਕਹੁ ਨਾਨਕ ਜਿਸੁ ਮਸਤਕਿ ਲੇਖੁ ਲਿਖਾਇ॥		Kahu Naanak Jis Masathak Laekh Likhaae ||	Says Nanak, one who has such destiny written on his forehead,	(ਪਰ) ਨਾਨਕ ਆਖਦਾ ਹੈ- ਜਿਸ ਮਨੁੱਖ ਦੇ ਮੱਥੇ ਉਤੇ ਪਰਮਾਤਮਾ ਦੀ ਬਖ਼ਸ਼ਸ਼ ਦਾ ਲੇਖ ਲਿਖਿਆ ਹੁੰਦਾ ਹੈ,
7889	186	ਸੁ ਏਤੁ ਖਜਾਨੈ ਲਇਆ ਰਲਾਇ॥੪॥੩੧॥੧੦੦॥	ਲ–ਇਆ	S Eaeth Khajaanai Laeiaa Ralaae ||4||31||100||	Becomes a partner in these treasures. ||4||31||100||	ਉਹੀ ਇਸ (ਸਿਫ਼ਤ-ਸਾਲਾਹ ਦੇ) ਖ਼ਜ਼ਾਨੇ ਵਿਚ ਸਾਂਝੀਵਾਲ ਬਣਾਇਆ ਜਾਂਦਾ ਹੈ (ਭਾਵ, ਉਹੀ ਸਾਧ ਸੰਗਤਿ ਵਿਚ ਆ ਕੇ ਸਿਫ਼ਤ-ਸਾਲਾਹ ਦੀ ਬਾਣੀ ਦਾ ਆਨੰਦ ਮਾਣਦਾ ਹੈ) ॥੪॥੩੧॥੧੦੦॥

7890	186	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
7891	186	ਡਰਿ ਡਰਿ ਮਰਤੇ ਜਬ ਜਾਨੀਐ ਦੂਰਿ॥		Ddar Ddar Marathae Jab Jaaneeai Dhoor ||	I was scared, scared to death, when I thought that He was far away.	ਜਿਤਨਾ ਚਿਰ ਅਸੀਂ ਇਹ ਸਮਝਦੇ ਹਾਂ ਕਿ ਪਰਮਾਤਮਾ ਕਿਤੇ ਦੂਰ ਵੱਸਦਾ ਹੈ, ਉਤਨਾ ਚਿਰ (ਦੁਨੀਆ ਦੇ ਦੁੱਖ ਰੋਗ ਫ਼ਿਕਰਾਂ ਤੋਂ) ਸਹਮ ਸਹਮ ਕੇ ਆਤਮਕ ਮੌਤੇ ਮਰਦੇ ਰਹਿੰਦੇ ਹਾਂ।
7892	186	ਡਰੁ ਚੂਕਾ ਦੇਖਿਆ ਭਰਪੂਰਿ॥੧॥	ਸਭ ਥਾਂ (ਭਰਪੂਰਿ) ਵਿਆਪਕ	Ddar Chookaa Dhaekhiaa Bharapoor ||1||	But my fear was removed, when I saw that He is pervading everywhere. ||1||	ਜਦੋਂ ਉਸ ਨੂੰ (ਸਾਰੇ ਸੰਸਾਰ ਵਿਚ ਜ਼ੱਰੇ ਜ਼ੱਰੇ ਵਿਚ) ਵਿਆਪਕ ਵੇਖ ਲਿਆ, (ਉਸੇ ਵੇਲੇ ਦੁਨੀਆ ਦੇ ਦੁੱਖ ਆਦਿਕਾਂ ਦਾ) ਡਰ ਮੁੱਕ ਗਿਆ ॥੧॥
7893	186	ਸਤਿਗੁਰ ਅਪੁਨੇ ਕਉ ਬਲਿਹਾਰੈ॥		Sathigur Apunae Ko Balihaarai ||	I am a sacrifice to my True Guru.	ਮੈਂ ਆਪਣੇ ਗੁਰੂ ਤੋਂ ਕੁਰਬਾਨ ਜਾਂਦਾ ਹਾਂ,
7894	186	ਛੋਡਿ ਨ ਜਾਈ ਸਰਪਰ ਤਾਰੈ॥੧॥ਰਹਾਉ॥	(ਸਰ-ਪਰ) ਜ਼ਰੂਰ	Shhodd N Jaaee Sarapar Thaarai ||1|| Rehaao ||	He shall not abandon me; He shall surely carry me across. ||1||Pause||	ਉਹ (ਦੁੱਖ ਰੋਗ ਸੋਗ ਆਦਿਕ ਦੇ ਸਮੁੰਦਰ ਵਿਚ ਸਾਨੂੰ ਡੁਬਦਿਆਂ ਨੂੰ) ਛੱਡ ਕੇ ਨਹੀਂ ਜਾਂਦਾ, ਉਹ (ਇਸ ਸਮੁੰਦਰ ਵਿਚੋਂ) ਜ਼ਰੂਰ ਪਾਰ ਲੰਘਾਂਦਾ ਹੈ ॥੧॥ ਰਹਾਉ ॥

7895	186	ਦੂਖੁ ਰੋਗੁ ਸੋਗੁ ਬਿਸਰੈ ਜਬ ਨਾਮੁ॥	(ਸੋਗੁ) ਚਿੰਤਾ	Dhookh Rog Sog Bisarai Jab Naam ||	Pain, disease and sorrow come when one forgets the Naam, the Name of the Lord.	(ਹੇ ਭਾਈ! ਦੁਨੀਆ ਦਾ) ਦੁੱਖ ਰੋਗ ਫ਼ਿਕਰ (ਤਦੋਂ ਹੀ ਵਿਆਪਦਾ) ਹੈ ਜਦੋਂ ਪਰਮਾਤਮਾ ਦਾ ਨਾਮ ਭੁੱਲ ਜਾਂਦਾ ਹੈ।
7896	186	ਸਦਾ ਅਨੰਦੁ ਜਾ ਹਰਿ ਗੁਣ ਗਾਮੁ॥੨॥	(ਗਾਮੁ) ਗਉਣਾ	Sadhaa Anandh Jaa Har Gun Gaam ||2||	Eternal bliss comes when one sings the Glorious Praises of the Lord. ||2||	ਜਦੋਂ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਵੀਏ ਤਦੋਂ (ਮਨ ਵਿਚ) ਸਦਾ ਆਨੰਦ ਬਣਿਆ ਰਹਿੰਦਾ ਹੈ ॥੨॥
7897	186	ਬੁਰਾ ਭਲਾ ਕੋਈ ਨ ਕਹੀਜੈ॥		Buraa Bhalaa Koee N Keheejai ||	Do not say that anyone is good or bad.	(ਹੇ ਭਾਈ!) ਨਾਹ ਕਿਸੇ ਦੀ ਨਿੰਦਾ ਕਰਨੀ ਚਾਹੀਦੀ ਹੈ ਨਾਹ ਕਿਸੇ ਦੀ ਖ਼ੁਸ਼ਾਮਦ।
7898	186	ਛੋਡਿ ਮਾਨੁ ਹਰਿ ਚਰਨ ਗਹੀਜੈ॥੩॥	(ਮਾਨੁ) ਮਾਣ। (ਗਹੀਜੈ) ਪਕੜੀਏ	Shhodd Maan Har Charan Geheejai ||3||	Renounce your arrogant pride, and grasp the Feet of the Lord. ||3||	(ਦੁਨੀਆ ਦਾ) ਮਾਣ ਤਿਆਗ ਕੇ ਪਰਮਾਤਮਾ ਦੇ ਚਰਨ (ਹਿਰਦੇ ਵਿਚ) ਟਿਕਾ ਲੈਣੇ ਚਾਹੀਦੇ ਹਨ ॥੩॥
7899	186	ਕਹੁ ਨਾਨਕ ਗੁਰ ਮੰਤ੍ਰੁ ਚਿਤਾਰਿ॥	(ਚਿਤਾਰਿ) ਸਿਮਰ	Kahu Naanak Gur Manthra Chithaar ||	Says Nanak, remember the GurMantra;	ਨਾਨਕ ਆਖਦਾ ਹੈ- (ਹੇ ਭਾਈ!) ਗੁਰੂ ਦਾ ਉਪਦੇਸ਼ ਆਪਣੇ ਚਿੱਤ ਵਿਚ ਪ੍ਰੋ ਰੱਖ,
7900	186	ਸੁਖੁ ਪਾਵਹਿ ਸਾਚੈ ਦਰਬਾਰਿ॥੪॥੩੨॥ ੧੦੧॥		Sukh Paavehi Saachai Dharabaar ||4||32||101||	You shall find peace at the True Court. ||4||32||101||	ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਦਰਗਾਹ ਵਿਚ ਆਨੰਦ ਮਾਣੇਂਗਾ ॥੪॥੩੨॥੧੦੧॥
7901	186	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

7902	186	ਜਾ ਕਾ ਮੀਤੁ ਸਾਜਨੁ ਹੈ ਸਮੀਆ॥	(ਸਮੀਆ) ਸਭ ਥਾਈਂ ਵਿਆਪਕ ਵਾਹਿਗੁਰੂ ਜੀ	Jaa Kaa Meeth Saajan Hai Sameeaa ||	Those who have the Lord as their Friend and Companion	ਜਿਸ ਮਨੁੱਖ ਦਾ (ਇਹ ਯਕੀਨ ਬਣ ਜਾਏ ਕਿ ਉਸ ਦਾ) ਸੱਜਣ-ਪ੍ਰਭੂ ਮਿੱਤਰ-ਪ੍ਰਭੂ ਹਰ ਥਾਂ ਵਿਆਪਕ ਹੈ,
7903	186	ਤਿਸੁ ਜਨ ਕਉ ਕਹੁ ਕਾ ਕੀ ਕਮੀਆ॥੧॥	(ਕਮੀਆ) ਕਮੀ	This Jan Ko Kahu Kaa Kee Kameeaa ||1||	- tell me, what else do they need? ||1||	(ਹੇ ਭਾਈ!) ਦੱਸ, ਉਸ ਮਨੁੱਖ ਨੂੰ ਕਿਸ ਸ਼ੈ ਦੀ ਥੁੜ ਰਹਿ ਜਾਂਦੀ ਹੈ? ॥੧॥
7904	186	ਜਾ ਕੀ ਪ੍ਰੀਤਿ ਗੋਬਿੰਦ ਸਿਉ ਲਾਗੀ॥		Jaa Kee Preeth Gobindh Sio Laagee ||	Those who are in love with the Lord of the Universe	(ਹੇ ਭਾਈ!) ਜਿਸ ਮਨੁੱਖ ਦਾ ਪਿਆਰ ਪਰਮਾਤਮਾ ਨਾਲ ਬਣ ਜਾਂਦਾ ਹੈ,
7905	186	ਦੂਖੁ ਦਰਦੁ ਭ੍ਰਮੁ ਤਾ ਕਾ ਭਾਗੀ॥੧॥ਰਹਾਉ॥		Dhookh Dharadh Bhram Thaa Kaa Bhaagee ||1|| Rehaao ||	- pain, suffering and doubt run away from them. ||1||Pause||	ਉਸ ਦਾ ਹਰੇਕ ਦੁੱਖ ਹਰੇਕ ਦਰਦ ਹਰੇਕ ਭਰਮ-ਵਹਿਮ ਦੂਰ ਹੋ ਜਾਂਦਾ ਹੈ ॥੧॥ ਰਹਾਉ ॥
7906	186	ਜਾ ਕਉ ਰਸੁ ਹਰਿ ਰਸੁ ਹੈ ਆਇਓ॥		Jaa Ko Ras Har Ras Hai Aaeiou ||	Those who have enjoyed the flavor of the Lord's sublime essence	(ਹੇ ਭਾਈ!) ਜਿਸ ਮਨੁੱਖ ਨੂੰ ਪਰਮਾਤਮਾ ਦੇ ਨਾਮ ਦਾ ਆਨੰਦ ਆ ਜਾਂਦਾ ਹੈ,
7907	186	ਸੋ ਅਨ ਰਸ ਨਾਹੀ ਲਪਟਾਇਓ॥੨॥		So An Ras Naahee Lapattaaeiou ||2||	Are not attracted to any other pleasures. ||2||	ਉਹ (ਦੁਨੀਆ ਦੇ) ਹੋਰ ਹੋਰ (ਪਦਾਰਥਾਂ ਦੇ) ਸੁਆਦਾਂ ਨਾਲ ਨਹੀਂ ਚੰਬੜਦਾ ॥੨॥

7908	186	ਜਾ ਕਾ ਕਹਿਆ ਦਰਗਹ ਚਲੈ॥		Jaa Kaa Kehiaa Dharageh Chalai ||	Those whose speech is accepted in the Court of the Lord	ਜਿਸ ਮਨੁੱਖ ਦਾ ਬੋਲਿਆ ਹੋਇਆ ਬੋਲ ਪਰਮਾਤਮਾ ਦੀ ਹਜ਼ੂਰੀ ਵਿਚ ਮੰਨਿਆ ਜਾਂਦਾ ਹੈ,
7909	186	ਸੋ ਕਿਸ ਕਉ ਨਦਰਿ ਲੈ ਆਵੈ ਤਲੈ॥੩॥	ਤਲੈ: ਪੋਲਾ ਬੋਲੋ	So Kis Ko Nadhar Lai Aavai Thalai ||3||	- what do they care about anything else? ||3||	ਉਸ ਨੂੰ ਕਿਸੇ ਹੋਰ ਦੀ ਮੁਥਾਜੀ ਨਹੀਂ ਰਹਿ ਜਾਂਦੀ ॥੩॥
7910	186	ਜਾ ਕਾ ਸਭੁ ਕਿਛੁ ਤਾ ਕਾ ਹੋਇ॥		Jaa Kaa Sabh Kishh Thaa Kaa Hoe ||	Those who belong to the One, unto whom all things belong	ਜਿਸ ਪਰਮਾਤਮਾ ਦਾ ਰਚਿਆ ਹੋਇਆ ਇਹ ਸਾਰਾ ਸੰਸਾਰ ਹੈ, ਜੇਹੜਾ ਮਨੁੱਖ ਉਸ ਪਰਮਾਤਮਾ ਦਾ ਸੇਵਕ ਬਣ ਜਾਂਦਾ ਹੈ,
7911	186	ਨਾਨਕ ਤਾ ਕਉ ਸਦਾ ਸੁਖੁ ਹੋਇ॥੪॥੩੩॥੧੦੨॥		Naanak Thaa Ko Sadhaa Sukh Hoe ||4||33||102||	- O Nanak, they find a lasting peace. ||4||33||102||	ਹੇ ਨਾਨਕ! ਉਸ ਨੂੰ ਸਦਾ ਆਨੰਦ ਪ੍ਰਾਪਤ ਰਹਿੰਦਾ ਹੈ ॥੪॥੩੩॥੧੦੨॥
7912	186	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
7913	186	ਜਾ ਕੈ ਦੁਖੁ ਸੁਖੁ ਸਮ ਕਰਿ ਜਾਪੈ॥		Jaa Kai Dhukh Sukh Sam Kar Jaapai ||	Those who look alike upon pleasure and pain	(ਪ੍ਰਭੂ ਦੀ ਰਜ਼ਾ ਵਿਚ ਤੁਰਨ ਦੇ ਕਾਰਨ) ਜਿਸ ਮਨੁੱਖ ਦੇ ਹਿਰਦੇ ਵਿਚ ਹਰੇਕ ਦੁੱਖ ਸੁਖ ਇਕੋ ਜਿਹਾ ਪ੍ਰਤੀਤ ਹੁੰਦਾ ਹੈ,
7914	186	ਤਾ ਕਉ ਕਾੜਾ ਕਹਾ ਬਿਆਪੈ॥੧॥	(ਕਾੜਾ) ਚਿੰਤਾ। (ਬਿਆਪੈ) ਲੱਗਦੀ	Thaa Ko Kaarraa Kehaa Biaapai ||1||	- how can anxiety touch them? ||1||	ਉਸ ਨੂੰ ਕੋਈ ਚਿੰਤਾ-ਫ਼ਿਕਰ ਕਦੇ ਦਬਾ ਨਹੀਂ ਸਕਦਾ ॥੧॥

7915	186	ਸਹਜ ਅਨੰਦ ਹਰਿ ਸਾਧੂ ਮਾਹਿ॥		Sehaj Anandh Har Saadhhoo Maahi ||	Tell me, how can he meet the Lord of the World?	(ਹੇ ਭਾਈ!) ਪਰਮਾਤਮਾ ਦੇ ਭਗਤ ਦੇ ਹਿਰਦੇ ਵਿਚ (ਸਦਾ) ਆਤਮਕ ਅਡੋਲਤਾ ਬਣੀ ਰਹਿੰਦੀ ਹੈ, (ਸਦਾ) ਆਨੰਦ ਬਣਿਆ ਰਹਿੰਦਾ ਹੈ,
7916	186	ਆਗਿਆਕਾਰੀ ਹਰਿ ਹਰਿ ਰਾਇ॥੧॥ਰਹਾਉ॥		Aagiaakaaree Har Har Raae ||1|| Rehaao ||	They remain obedient to the Lord, the Sovereign Lord King. ||1||Pause||	(ਹਰੀ ਦਾ ਭਗਤ) ਹਰਿ-ਪ੍ਰਭੂ ਦੀ ਆਗਿਆ ਵਿਚ ਹੀ ਤੁਰਦਾ ਹੈ ॥੧॥ ਰਹਾਉ ॥
7917	186	ਜਾ ਕੈ ਅਚਿੰਤੁ ਵਸੈ ਮਨਿ ਆਇ॥		Jaa Kai Achinth Vasai Man Aae ||	Those who have the Carefree Lord abiding in their minds	(ਹੇ ਭਾਈ!) ਚਿੰਤਾ-ਰਹਿਤ ਪਰਮਾਤਮਾ ਜਿਸ ਮਨੁੱਖ ਦੇ ਮਨ ਵਿਚ ਆ ਵੱਸਦਾ ਹੈ,
7918	186	ਤਾ ਕਉ ਚਿੰਤਾ ਕਤਹੂੰ ਨਾਹਿ॥੨॥		Thaa Ko Chinthaa Kathehoon Naahi ||2||	- no cares will ever bother them. ||2||	ਉਸ ਨੂੰ ਕਦੇ ਕੋਈ ਚਿੰਤਾ ਨਹੀਂ ਪੋਹਦੀ ॥੨॥
7919	186	ਜਾ ਕੈ ਬਿਨਸਿਓ ਮਨ ਤੇ ਭਰਮਾ॥	(ਬਿਨਸਿਓ) ਨਾਸ ਹੋਇਆ	Jaa Kai Binasiou Man Thae Bharamaa ||	Those who have banished doubt from their minds	ਜਿਸ ਮਨੁੱਖ ਦੇ ਮਨ ਤੋਂ ਭਟਕਣਾ ਮੁੱਕ ਜਾਂਦੀ ਹੈ,
7920	186	ਤਾ ਕੈ ਕਛੂ ਨਾਹੀ ਡਰੁ ਜਮਾ॥੩॥	ਕਛੂ: ਪੋਲਾ ਬੋਲੋ	Thaa Kai Kashhoo Naahee Ddar Jamaa ||3||	Are not afraid of death at all. ||3||	ਉਸ ਦੇ ਮਨ ਵਿਚ ਮੌਤ ਦਾ ਡਰ ਭੀ ਨਹੀਂ ਰਹਿ ਜਾਂਦਾ ॥੩॥
7921	186	ਜਾ ਕੈ ਹਿਰਦੈ ਦੀਓ ਗੁਰਿ ਨਾਮਾ॥		Jaa Kai Hiradhai Dheeou Gur Naamaa ||	God is the Lord and Master of both worlds.	ਨਾਨਕ ਆਖਦਾ ਹੈ- ਗੁਰੂ ਨੇ ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਟਿਕਾ ਦਿੱਤਾ ਹੈ,

7922	186	ਕਹੁ ਨਾਨਕ ਤਾ ਕੈ ਸਗਲ ਨਿਧਾਨਾ॥੪॥੩੪॥੧੦੩॥		Kahu Naanak Thaa Kai Sagal Nidhhaanaa ||4||34||103||	says Nanak, all treasures come to them. ||4||34||103||	ਉਸ ਦੇ ਅੰਦਰ ਮਾਨੋ, ਸਾਰੇ ਖ਼ਜ਼ਾਨੇ ਆ ਜਾਂਦੇ ਹਨ ॥੪॥੩੪॥੧੦੩॥
7923	186	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
7924	186	ਅਗਮ ਰੂਪ ਕਾ ਮਨ ਮਹਿ ਥਾਨਾ॥	ਅ-ਗਮ:ਪੋਲਾ ਬੋਲੋ। (ਅਗਮ) ਸੋਗ ਰਹਿਤ ਵਾਹਿਗੁਰੂ ਜੀ	Agam Roop Kaa Man Mehi Thhaanaa ||	The Lord of Unfathomable Form has His Place in the mind.	(ਜਿਸ ਮਨ ਵਿਚ ਸਿਫ਼ਤ-ਸਾਲਾਹ ਦੇ ਚਸ਼ਮੇ ਜਾਰੀ ਹੋ ਜਾਂਦੇ ਹਨ) ਉਸ ਮਨ ਵਿਚ ਅਪਹੁੰਚ ਸਰੂਪ ਵਾਲੇ ਪਰਮਾਤਮਾ ਦਾ ਨਿਵਾਸ ਹੋ ਜਾਂਦਾ ਹੈ।
7925	186	ਗੁਰ ਪ੍ਰਸਾਦਿ ਕਿਨੈ ਵਿਰਲੈ ਜਾਨਾ॥੧॥		Gur Prasaadh Kinai Viralai Jaanaa ||1||	As long as the Lord commands, they enjoy their pleasures. ||1||	(ਪਰ) ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ (ਇਹ ਭੇਤ) ਸਮਝਿਆ ਹੈ ॥੧॥
7926	186	ਸਹਜ ਕਥਾ ਕੇ ਅੰਮ੍ਰਿਤ ਕੁੰਟਾ॥	(ਕੁੰਟਾ) ਕੁੰਡ ਭਾਵ ਤਲਾਅ	Sehaj Kathhaa Kae Anmrith Kunttaa ||	The Ambrosial Pools of the celestial sermon	ਆਤਮਕ ਅਡੋਲਤਾ ਤੇ ਸਿਫ਼ਤ-ਸਾਲਾਹ ਦੇ ਅੰਮ੍ਰਿਤ ਦੇ ਚਸ਼ਮਿਆਂ ਦਾ ਆਨੰਦ -
7927	186	ਜਿਸਹਿ ਪਰਾਪਤਿ ਤਿਸੁ ਲੈ ਭੁੰਚਾ॥੧॥ਰਹਾਉ॥	(ਭੁੰਚਾ) ਛਕਿਆ	Jisehi Paraapath This Lai Bhunchaa ||1|| Rehaao ||	those who find them, drink them in. ||1||Pause||	(ਗੁਰੂ ਦੀ ਕਿਰਪਾ ਨਾਲ ਉਹ ਮਨੁੱਖ) ਮਾਣਦਾ ਹੈ, ਜਿਸ ਮਨੁੱਖ ਦੇ ਭਾਗਾਂ ਵਿਚ ਪ੍ਰਾਪਤੀ ਦਾ ਲੇਖ ਲਿਖਿਆ ਹੁੰਦਾ ਹੈ ॥੧॥ ਰਹਾਉ ॥

7928	186	ਅਨਹਤ ਬਾਣੀ ਥਾਨੁ ਨਿਰਾਲਾ॥	(ਅਨਹਤ) ਇੱਕ ਰਸ	Anehath Baanee Thhaan Niraalaa ||	Imitating what she sees, with her stubborn mind-set, she goes into the fire.	(ਜਿਥੇ ਸਿਫ਼ਤ-ਸਾਲਾਹ ਤੇ ਆਤਮਕ ਅਡੋਲਤਾ ਦੇ ਚਸ਼ਮੇ ਚੱਲ ਪੈਂਦੇ ਹਨ) ਉਹ ਹਿਰਦਾ-ਥਾਂ ਇਕ-ਰਸ ਸਿਫ਼ਤ-ਸਾਲਾਹ ਦੀ ਬਾਣੀ ਦੀ ਬਰਕਤਿ ਨਾਲ ਅਨੋਖਾ (ਸੁੰਦਰ) ਹੋ ਜਾਂਦਾ ਹੈ।
7929	186	ਤਾ ਕੀ ਧੁਨਿ ਮੋਹੇ ਗੋਪਾਲਾ॥੨॥		Thaa Kee Dhhun Mohae Gopaalaa ||2||	The Lord of the World is fascinated with this melody. ||2||	ਉਸ ਦੀ ਜੁੜੀ ਸੁਰਤ ਉਤੇ ਪਰਮਾਤਮਾ (ਭੀ) ਮੋਹਿਆ ਜਾਂਦਾ ਹੈ ॥੨॥
7930	186	ਤਹ ਸਹਜ ਅਖਾਰੇ ਅਨੇਕ ਅਨੰਤਾ॥	(ਅਖਾਰੇ) ਜੋੜ ਮੇਲੇ	Theh Sehaj Akhaarae Anaek Ananthaa ||	The numerous, countless places of celestial peace	(ਜਿਥੇ ਸਿਫ਼ਤ-ਸਾਲਾਹ ਦੇ ਚਸ਼ਮੇ ਜਾਰੀ ਹੁੰਦੇ ਹਨ) ਉਥੇ ਆਤਮਕ ਅਡੋਲਤਾ ਦੇ ਅਨੇਕਾਂ ਤੇ ਬੇਅੰਤ ਅਖਾੜੇ-
7931	186	ਪਾਰਬ੍ਰਹਮ ਕੇ ਸੰਗੀ ਸੰਤਾ॥੩॥		Paarabreham Kae Sangee Santhaa ||3||	there, the Saints dwell, in the Company of the Supreme Lord God. ||3||	(ਉਸ ਆਤਮਕ ਅਵਸਥਾ ਵਿਚ ਟਿਕੇ ਹੋਏ) ਸੰਤ ਜਨ ਪਰਮਾਤਮਾ ਦੇ ਚਰਨਾਂ ਵਿਚ ਜੁੜ ਕੇ ਰਚੀ ਰੱਖਦੇ ਹਨ ॥੩॥
7932	186	ਹਰਖ ਅਨੰਤ ਸੋਗ ਨਹੀ ਬੀਆ॥	(ਅਨੰਤ) ਬੇਅੰਤ। (ਸੋਗ) ਚਿੰਤਾ। (ਬੀਆ) ਦੂਜਾ	Harakh Ananth Sog Nehee Beeaa ||	There is infinite joy, and no sorrow or duality.	(ਉਸ ਅਵਸਥਾ ਵਿਚ) ਬੇਅੰਤ ਖ਼ੁਸ਼ੀ ਹੀ ਖ਼ੁਸ਼ੀ ਬਣੀ ਰਹਿੰਦੀ ਹੈ, ਕਿਸੇ ਤਰ੍ਹਾਂ ਦਾ ਕੋਈ ਹੋਰ ਚਿੰਤਾ-ਫ਼ਿਕਰ ਨਹੀਂ ਪੋਂਹਦਾ।
7933	186	ਸੋ ਘਰੁ ਗੁਰਿ ਨਾਨਕ ਕਉ ਦੀਆ॥੪॥੩੫॥੧੦੪॥		So Ghar Gur Naanak Ko Dheeaa ||4||35||104||	The Guru has blessed Nanak with this home. ||4||35||104||	(ਹੇ ਭਾਈ!) ਗੁਰੂ ਨੇ ਉਹ ਆਤਮਕ ਟਿਕਾਣਾ (ਮੈਨੂੰ) ਨਾਨਕ ਨੂੰ (ਭੀ) ਬਖ਼ਸ਼ਿਆ ਹੈ ॥੪॥੩੫॥੧੦੪॥

7934	186	ਗਉੜੀ ਮਃ ੫॥		Gourree Ma 5 ||	Gauree, Fifth Mehl:	
7935	186	ਕਵਨ ਰੂਪੁ ਤੇਰਾ ਆਰਾਧਉ॥		Kavan Roop Thaeraa Aaraadhho ||	What form of Yours should I worship and adore?	(ਹੇ ਪ੍ਰਭੂ! ਜਗਤ ਦੇ ਸਾਰੇ ਜੀਵ ਤੇਰਾ ਹੀ ਰੂਪ ਹਨ ਤੇ ਤੇਰਾ ਕੋਈ ਭੀ ਖ਼ਾਸ ਰੂਪ ਨਹੀਂ। ਮੈਂ ਨਹੀਂ ਜਾਣਦਾ ਕਿ) ਤੇਰਾ ਉਹ ਕੇਹੜਾ ਰੂਪ ਹੈ ਜਿਸ ਦਾ ਮੈਂ ਧਿਆਨ ਧਰਾਂ।
7936	186	ਕਵਨ ਜੋਗੁ ਕਾਇਆ ਲੇ ਸਾਧਉ॥੧॥	(ਸਾਧਉ) ਵੱਸ ਕਰਾਂ	Kavan Jog Kaaeiaa Lae Saadhho ||1||	What Yoga should I practice to control my body? ||1||	(ਹੇ ਪ੍ਰਭੂ! ਮੈਨੂੰ ਸਮਝ ਨਹੀਂ ਕਿ) ਜੋਗ ਦਾ ਉਹ ਕੇਹੜਾ ਸਾਧਨ ਹੈ ਜਿਸ ਨਾਲ ਮੈਂ ਆਪਣੇ ਸਰੀਰ ਨੂੰ ਵੱਸ ਵਿਚ ਲਿਆਵਾਂ (ਤੇ ਤੈਨੂੰ ਪ੍ਰਸੰਨ ਕਰਾਂ ॥੧॥
7937	187	ਕਵਨ ਗੁਨੁ ਜੋ ਤੁਝੁ ਲੈ ਗਾਵਉ॥		Kavan Gun Jo Thujh Lai Gaavo ||	What is that virtue, by which I may sing of You?	ਹੇ ਪਾਰਬ੍ਰਹਮ ਪ੍ਰਭੂ! (ਤੇਰੇ ਬੇਅੰਤ ਗੁਣ ਹਨ, ਮੈਨੂੰ ਸਮਝ ਨਹੀਂ ਆਉਂਦੀ ਕਿ) ਮੈਂ ਤੇਰਾ ਕੇਹੜਾ ਗੁਣ ਲੈ ਕੇ ਤੇਰੀ ਸਿਫ਼ਤ-ਸਾਲਾਹ ਕਰਾਂ,
7938	187	ਕਵਨ ਬੋਲ ਪਾਰਬ੍ਰਹਮ ਰੀਝਾਵਉ॥੧॥ਰਹਾਉ ॥	(ਰੀਝਾਵਉ) ਪ੍ਰਸੰਨ ਕਰਾਂ	Kavan Bol Paarabreham Reejhaavo ||1|| Rehaao ||	What is that speech, by which I may please the Supreme Lord God? ||1||Pause||	ਤੇ ਕੇਹੜੇ ਬੋਲ ਬੋਲ ਕੇ ਮੈਂ ਤੈਨੂੰ ਪ੍ਰਸੰਨ ਕਰਾਂ ॥੧॥ ਰਹਾਉ ॥
7939	187	ਕਵਨ ਸੁ ਪੂਜਾ ਤੇਰੀ ਕਰਉ॥		Kavan S Poojaa Thaeree Karo ||	What worship service shall I perform for You?	ਹੇ ਪਾਰਬ੍ਰਹਮ! ਮੈਂ ਤੇਰੀ ਕੇਹੜੀ ਪੂਜਾ ਕਰਾਂ (ਜਿਸ ਨਾਲ ਤੂੰ ਪ੍ਰਸੰਨ ਹੋ ਸਕੇਂ)?

7940	187	ਕਵਨ ਸੁ ਬਿਧਿ ਜਿਤੁ ਭਵਜਲ ਤਰਉ॥੨॥	(ਭਵਜਲ) ਸੰਸਾਰ ਸਮੁੰਦ੍ਰ	Kavan S Bidhh Jith Bhavajal Tharo ||2||	How can I cross over the terrifying world-ocean? ||2||	ਹੇ ਪ੍ਰਭੂ! ਉਹ ਕੇਹੜਾ ਤਰੀਕਾ ਹੈ ਜਿਸ ਦੀ ਰਾਹੀਂ ਮੈਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਵਾਂ? ॥੨॥
7941	187	ਕਵਨ ਤਪੁ ਜਿਤੁ ਤਪੀਆ ਹੋਇ॥		Kavan Thap Jith Thapeeaa Hoe ||	What is that penance, by which I may become a penitent?	ਉਹ ਕੇਹੜਾ ਤਪ-ਸਾਧਨ ਹੈ ਜਿਸ ਨਾਲ ਮਨੁੱਖ (ਕਾਮਯਾਬ) ਤਪਸ੍ਵੀ ਅਖਵਾ ਸਕਦਾ ਹੈ (ਤੇ ਮੈਨੂੰ ਖ਼ੁਸ਼ ਕਰ ਸਕਦਾ ਹੈ)?
7942	187	ਕਵਨੁ ਸੁ ਨਾਮੁ ਹਉਮੈ ਮਲੁ ਖੋਇ॥੩॥		Kavan S Naam Houmai Mal Khoe ||3||	What is that Name, by which the filth of egotism may be washed away? ||3||	ਉਹ ਕੇਹੜਾ ਨਾਮ ਹੈ (ਜਿਸ ਦਾ ਜਾਪ ਕਰ ਕੇ) (ਮਨੁੱਖ ਆਪਣੇ ਅੰਦਰੋਂ) ਹਉਮੈ ਦੀ ਮੈਲ ਦੂਰ ਕਰ ਸਕਦਾ ਹੈ? ॥੩॥
7943	187	ਗੁਣ ਪੂਜਾ ਗਿਆਨ ਧਿਆਨ ਨਾਨਕ ਸਗਲ ਘਾਲ॥		Gun Poojaa Giaan Dhhiaan Naanak Sagal Ghaal ||	Virtue, worship, spiritual wisdom, meditation and all service, O Nanak,	ਹੇ ਨਾਨਕ! (ਮਨੁੱਖ ਨਿਰੇ ਆਪਣੇ ਉੱਦਮ ਦੇ ਆਸਰੇ ਪ੍ਰਭੂ ਨੂੰ ਪ੍ਰਸੰਨ ਨਹੀਂ ਕਰ ਸਕਦਾ। ਉਸੇ ਮਨੁੱਖ ਦੇ ਗਾਏ ਹੋਏ) ਗੁਣ (ਕੀਤੀ ਹੋਈ) ਪੂਜਾ, ਗਿਆਨ ਤੇ (ਜੋੜੀ ਹੋਈ) ਸੁਰਤ ਆਦਿਕ ਦੀ ਸਾਰੀ ਮਿਹਨਤ (ਸਫਲ ਹੁੰਦੀ ਹੈ),
7944	187	ਜਿਸੁ ਕਰਿ ਕਿਰਪਾ ਸਤਿਗੁਰੁ ਮਿਲੈ ਦਇਆਲ॥੪॥	ਦ-ਇਆਲ	Jis Kar Kirapaa Sathigur Milai Dhaeiaal ||4||	Are obtained from the True Guru, when, in His Mercy and Kindness, He meets us. ||4||	ਜਿਸ ਉਤੇ ਦਿਆਲ ਹੋ ਕੇ ਕਿਰਪਾ ਕਰ ਕੇ ਗੁਰੂ ਮਿਲਦਾ ਹੈ ॥੪॥

7945	187	ਤਿਸ ਹੀ ਗੁਨੁ ਤਿਨ ਹੀ ਪ੍ਰਭੁ ਜਾਤਾ॥	(ਜਾਤਾ) ਜਾਣਿਆ	This Hee Gun Thin Hee Prabh Jaathaa ||	They alone receive this merit, and they alone know God,	ਉਸੇ ਦੀ ਹੀ ਕੀਤੀ ਹੋਈ ਸਿਫ਼ਤ-ਸਾਲਾਹ (ਪਰਵਾਨ ਹੈ) ਉਸੇ ਨੇ ਹੀ ਪ੍ਰਭੂ ਨਾਲ ਜਾਣ-ਪਛਾਣ ਪਾਈ ਹੈ,
7946	187	ਜਿਸ ਕੀ ਮਾਨਿ ਲੇਇ ਸੁਖਦਾਤਾ॥੧॥ ਰਹਾਉ ਦੂਜਾ॥੩੬॥੧੦੫॥	ਲੇਇ	Jis Kee Maan Laee Sukhadhaathaa ||1|| Rehaao Dhoojaa ||36||105||	Who are approved by the Giver of peace. ||1||Second Pause||36||105||	(ਜਿਸ ਨੂੰ ਗੁਰੂ ਮਿਲਿਆ ਹੈ ਤੇ) ਜਿਸ ਦੀ ਅਰਦਾਸ ਸਾਰੇ ਸੁਖ ਦੇਣ ਵਾਲਾ ਪਰਮਾਤਮਾ ਮੰਨ ਲੈਂਦਾ ਹੈ ॥੧॥ਰਹਾਉ ਦੂਜਾ॥੩੬॥੧੦੫॥
7947	187	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
7948	187	ਆਪਨ ਤਨੁ ਨਹੀ ਜਾ ਕੋ ਗਰਬਾ॥	(ਗਰਬਾ) ਹੰਕਾਰ	Aapan Than Nehee Jaa Ko Garabaa ||	The body which you are so proud of, does not belong to you.	(ਹੇ ਭਾਈ!) ਇਹ ਸਰੀਰ ਜਿਸ ਦਾ (ਤੂੰ) ਮਾਣ ਕਰਦਾ ਹੈਂ (ਸਦਾ ਲਈ) ਆਪਣਾ ਨਹੀਂ ਹੈ।
7949	187	ਰਾਜ ਮਿਲਖ ਨਹੀ ਆਪਨ ਦਰਬਾ॥੧॥	(ਦਰਬਾ) ਧਨ। ਨਹੀ ਦੇਲ੍ਹੀ ਦੀਵਾ	Raaj Milakh Nehee Aapan Dharabaa ||1||	Power, property and wealth are not yours. ||1||	ਰਾਜ, ਭੁਇਂ, ਧਨ (ਇਹ ਭੀ ਸਦਾ ਲਈ) ਆਪਣੇ ਨਹੀਂ ਹਨ ॥੧॥
7950	187	ਆਪਨ ਨਹੀ ਕਾ ਕਉ ਲਪਟਾਇਓ॥		Aapan Nehee Kaa Ko Lapattaaeiou ||	They are not yours, so why do you cling to them?	(ਹੇ ਭਾਈ! ਤੂੰ) ਕਿਸ ਕਿਸ ਨਾਲ ਮੋਹ ਕਰ ਰਿਹਾ ਹੈਂ? (ਇਹਨਾਂ ਵਿਚੋਂ ਕੋਈ ਭੀ ਸਦਾ ਲਈ) ਤੇਰਾ ਆਪਣਾ ਨਹੀਂ ਹੈ।

7951	187	ਆਪਨ ਨਾਮੁ ਸਤਿਗੁਰ ਤੇ ਪਾਇਓ॥੧॥ਰਹਾਉ॥		Aapan Naam Sathigur Thae Paaeiou ||1|| Rehaao ||	Only the Naam, the Name of the Lord, is yours; it is received from the True Guru. ||1||Pause||	(ਸਦਾ ਲਈ) ਆਪਣਾ (ਬਣੇ ਰਹਿਣ ਵਾਲਾ ਪਰਮਾਤਮਾ ਦਾ) ਨਾਮ (ਹੀ) ਹੈ (ਜੋ) ਗੁਰੂ ਪਾਸੋਂ ਮਿਲਦਾ ਹੈ! ॥੧॥ ਰਹਾਉ ॥
7952	187	ਸੁਤ ਬਨਿਤਾ ਆਪਨ ਨਹੀ ਭਾਈ॥	(ਸੁਤ) ਪੁੱਤ। (ਬ-ਨਿਤਾ) ਇਸਤ੍ਰੀ	Suth Banithaa Aapan Nehee Bhaaee ||	Children, spouse and siblings are not yours.	ਪੁੱਤਰ, ਇਸਤ੍ਰੀ, ਭਰਾ, (ਇਹਨਾਂ ਵਿਚੋਂ ਕੋਈ ਆਪਣਾ ਨਹੀਂ)
7953	187	ਇਸਟ ਮੀਤ ਆਪ ਬਾਪੁ ਨ ਮਾਈ॥੨॥	(ਇਸਟ) ਪਿਆਰੇ	Eisatt Meeth Aap Baap N Maaee ||2||	Dear friends, mother and father are not yours. ||2||	ਪਿਆਰੇ ਮਿੱਤਰ, ਪਿਉ, ਮਾਂ (ਇਹਨਾਂ ਵਿਚੋਂ ਕੋਈ ਭੀ ਕਿਸੇ ਦਾ ਸਦਾ ਲਈ) ਆਪਣਾ ਨਹੀਂ ਹੈ ॥੨॥
7954	187	ਸੁਇਨਾ ਰੂਪਾ ਫੁਨਿ ਨਹੀ ਦਾਮ॥	(ਫੁਨਿ) ਭੀ	Sueinaa Roopaa Fun Nehee Dhaam ||	Gold, silver and money are not yours.	(ਹੇ ਭਾਈ!) ਸੋਨਾ ਚਾਂਦੀ ਤੇ ਦੌਲਤ ਭੀ (ਸਦਾ ਲਈ ਆਪਣੇ) ਨਹੀਂ ਹਨ।
7955	187	ਹੈਵਰ ਗੈਵਰ ਆਪਨ ਨਹੀ ਕਾਮ॥੩॥	(ਹੈਵਰ) ਸ੍ਰੇਸ਼ਟ ਘੋੜੇ। (ਗੈਵਰ) ਸ੍ਰੇਸ਼ਟ ਹਾਥੀ। (ਕਾਮ) ਕੰਮ	Haivar Gaivar Aapan Nehee Kaam ||3||	Fine horses and magnificent elephants are of no use to you. ||3||	ਵਧੀਆ ਘੋੜੇ, ਵਧੀਆ ਹਾਥੀ (ਇਹ ਭੀ ਸਦਾ ਲਈ) ਆਪਣੇ ਕੰਮ ਨਹੀਂ ਆ ਸਕਦੇ ॥੩॥
7956	187	ਕਹੁ ਨਾਨਕ ਜੋ ਗੁਰਿ ਬਖਸਿ ਮਿਲਾਇਆ॥		Kahu Naanak Jo Gur Bakhas Milaaeiaa ||	Says Nanak, those whom the Guru forgives, meet with the Lord.	ਨਾਨਕ ਆਖਦਾ ਹੈ- ਜਿਸ ਮਨੁੱਖ ਨੂੰ ਬਖ਼ਸ਼ਸ਼ ਕਰ ਕੇ ਗੁਰੂ ਨੇ (ਪ੍ਰਭੂ ਨਾਲ) ਮਿਲਾ ਦਿੱਤਾ ਹੈ,

7957	187	ਤਿਸ ਕਾ ਸਭੁ ਕਿਛੁ ਜਿਸ ਕਾ ਹਰਿ ਰਾਇਆ॥੪॥੩੭॥੧੦੬॥	(ਰਾਇਆ) ਪਾਤਸ਼ਾਹ	This Kaa Sabh Kishh Jis Kaa Har Raaeiaa ||4||37||106||	Everything belongs to those who have the Lord as their King. ||4||37||106||	ਜਿਸ ਮਨੁੱਖ ਦਾ (ਸਦਾ ਦਾ ਸਾਥੀ) ਪਰਮਾਤਮਾ ਬਣ ਗਿਆ ਹੈ, ਸਭ ਕੁਝ ਉਸ ਦਾ ਆਪਣਾ ਹੈ (ਭਾਵ, ਉਸ ਨੂੰ ਸਾਰਾ ਜਗਤ ਆਪਣਾ ਦਿੱਸਦਾ ਹੈ, ਉਸ ਨੂੰ ਦੁਨੀਆ ਦੇ ਸਾਕ ਸੈਣ ਦਾ ਦੁਨੀਆ ਦੇ ਧਨ ਪਦਾਰਥ ਦਾ ਵਿਛੋੜਾ ਦੁਖੀ ਨਹੀਂ ਕਰ ਸਕਦਾ) ॥੪॥੩੭॥੧੦੬॥
7958	187	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
7959	187	ਗੁਰ ਕੇ ਚਰਣ ਊਪਰਿ ਮੇਰੇ ਮਾਥੇ॥	ਮੱਥੇ	Gur Kae Charan Oopar Maerae Maathhae ||	I place the Guru's Feet on my forehead,	(ਹੇ ਭਾਈ!) ਗੁਰੂ ਦੇ ਚਰਨ ਮੇਰੇ ਮੱਥੇ ਉਤੇ ਟਿਕੇ ਹੋਏ ਹਨ,
7960	187	ਤਾ ਤੇ ਦੁਖ ਮੇਰੇ ਸਗਲੇ ਲਾਥੇ॥੧॥	ਲੱਥੇ	Thaa Thae Dhukh Maerae Sagalae Laathhae ||1||	And all my pains are gone. ||1||	ਉਹਨਾਂ ਦੀ ਬਰਕਤਿ ਨਾਲ ਮੇਰੇ ਸਾਰੇ ਦੁੱਖ ਦੂਰ ਹੋ ਗਏ ਹਨ ॥੧॥
7961	187	ਸਤਿਗੁਰ ਅਪਨੇ ਕਉ ਕੁਰਬਾਨੀ॥		Sathigur Apunae Ko Kurabaanee ||	I am a sacrifice to my True Guru.	ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ,
7962	187	ਆਤਮ ਚੀਨਿ ਪਰਮ ਰੰਗ ਮਾਨੀ॥੧॥ਰਹਾਉ॥	(ਆਤਮ) ਆਪਣਾ ਆਪ ਸਰੂਪ ਨਿਰਮਲ ਨਿਰਵੈਰ ਪੂਰਨ ਵਿਸਮਾਦ ਬ੍ਰਹਮ ਜੀ ਨੂੰ (ਚੀਨਿ) ਜਾਣਕੇ। (ਪਰਮ) ਸਭ ਤੋਂ ਵੱਡਾ (ਰੰਗ) ਅਨੰਦ	Aatham Cheen Param Rang Maanee ||1|| Rehaao ||	I have come to understand my soul, and I enjoy supreme bliss. ||1||Pause||	(ਗੁਰੂ ਦੀ ਕਿਰਪਾ ਨਾਲ) ਮੈਂ ਆਪਣੇ ਆਤਮਕ ਜੀਵਨ ਨੂੰ ਪੜਤਾਲ ਪੜਤਾਲ ਕੇ ਸਭ ਤੋਂ ਸ੍ਰੇਸ਼ਟ ਆਨੰਦ ਮਾਣ ਰਿਹਾ ਹਾਂ ॥੧॥ ਰਹਾਉ ॥

7963	187	ਚਰਣ ਰੇਣੁ ਗੁਰ ਕੀ ਮੁਖਿ ਲਾਗੀ॥		Charan Raen Gur Kee Mukh Laagee ||	I have applied the dust of the Guru's Feet to my face,	ਜਿਸ ਮਨੁੱਖ ਦੇ ਮੱਥੇ ਉਤੇ ਗੁਰੂ ਦੇ ਚਰਨਾਂ ਦੀ ਧੂੜ ਲੱਗ ਗਈ,
7964	187	ਅਹੰਬੁਧਿ ਤਿਨਿ ਸਗਲ ਤਿਆਗੀ॥੨॥		Ahanbudhh Thin Sagal Thiaagee ||2||	Which has removed all my arrogant intellect. ||2||	ਉਸ ਨੇ ਆਪਣੀ ਸਾਰੀ ਹਉਮੈ (ਪੈਦਾ ਕਰਨ ਵਾਲੀ) ਬੁੱਧੀ ਤਿਆਗ ਦਿੱਤੀ ॥੨॥
7965	187	ਗੁਰ ਕਾ ਸਬਦੁ ਲਗੋ ਮਨਿ ਮੀਠਾ॥	ਲੱਗੋ	Gur Kaa Sabadh Lago Man Meethaa ||	The Word of the Guru's Shabad has become sweet to my mind,	(ਹੇ ਭਾਈ!) ਗੁਰੂ ਦਾ ਸ਼ਬਦ ਮੇਰੇ ਮਨ ਵਿਚ ਪਿਆਰਾ ਲੱਗ ਰਿਹਾ ਹੈ,
7966	187	ਪਾਰਬ੍ਰਹਮੁ ਤਾ ਤੇ ਮੋਹਿ ਡੀਠਾ॥੩॥		Paarabreham Thaa Thae Mohi Ddeethaa ||3||	And I behold the Supreme Lord God. ||3||	ਉਸ ਦੀ ਬਰਕਤਿ ਨਾਲ ਮੈਂ ਪਰਮਾਤਮਾ ਦਾ ਦਰਸਨ ਕਰ ਰਿਹਾ ਹਾਂ ॥੩॥
7967	187	ਗੁਰੁ ਸੁਖਦਾਤਾ ਗੁਰੁ ਕਰਤਾਰੁ॥		Gur Sukhadhaathaa Gur Karathaar ||	The Guru is the Giver of peace; the Guru is the Creator.	ਹੇ ਨਾਨਕ! (ਆਖ-ਮੇਰੇ ਵਾਸਤੇ) ਗੁਰੂ (ਹੀ ਸਾਰੇ) ਸੁਖਾਂ ਦਾ ਦੇਣ ਵਾਲਾ ਹੈ, ਗੁਰੂ ਕਰਤਾਰ (ਦਾ ਰੂਪ) ਹੈ।
7968	187	ਜੀਅ ਪ੍ਰਾਣ ਨਾਨਕ ਗੁਰੁ ਆਧਾਰੁ॥੪॥੩੮॥੧੦੭॥	(ਆਧਾਰੁ) ਆਸਰਾ	Jeea Praan Naanak Gur Aadhhaar ||4||38||107||	O Nanak, the Guru is the Support of the breath of life and the soul. ||4||38||107||	ਗੁਰੂ ਮੇਰੀ ਜਿੰਦ ਦਾ ਸਹਾਰਾ ਹੈ, ਗੁਰੂ ਮੇਰੇ ਪ੍ਰਾਣਾਂ ਦਾ ਸਹਾਰਾ ਹੈ ॥੪॥੩੮॥੧੦੭॥
7969	187	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

7970	187	ਰੇ ਮਨ ਮੇਰੇ ਤੂੰ ਤਾ ਕਉ ਆਹਿ॥		Rae Man Maerae Thoon Thaa Ko Aahi ||	O my mind,Seek the One	ਹੇ ਮੇਰੇ ਮਨ! ਤੂੰ ਉਸ ਪਰਮਾਤਮਾ ਨੂੰ ਮਿਲਣ ਦੀ ਤਾਂਘ ਕਰ,
7971	187	ਜਾ ਕੈ ਊਣਾ ਕਛਹੂ ਨਾਹਿ॥੧॥		Jaa Kai Oonaa Kashhehoo Naahi ||1||	who lacks nothing. ||1||	ਜਿਸ ਦੇ ਘਰ ਵਿਚ ਕਿਸੇ ਚੀਜ਼ ਦੀ ਭੀ ਘਾਟ ਨਹੀਂ ਹੈ ॥੧॥
7972	187	ਹਰਿ ਸਾ ਪ੍ਰੀਤਮੁ ਕਰਿ ਮਨ ਮੀਤ॥		Har Saa Preetham Kar Man Meeth ||	Make the Beloved Lord your friend.	ਹੇ ਮੇਰੇ ਮਿੱਤਰ ਮਨ! ਪਰਮਾਤਮਾ ਵਰਗਾ ਪ੍ਰੀਤਮ ਬਣਾ,
7973	187	ਪ੍ਰਾਨ ਅਧਾਰੁ ਰਾਖਹੁ ਸਦ ਚੀਤ॥੧॥ਰਹਾਉ॥		Praan Adhhaar Raakhahu Sadh Cheeth ||1|| Rehaao ||	Keep Him constantly in your mind; He is the Support of the breath of life. ||1||Pause||	ਉਸ (ਪ੍ਰੀਤਮ ਨੂੰ) ਪ੍ਰਾਣਾਂ ਦੇ ਆਸਰੇ (ਪ੍ਰੀਤਮ) ਨੂੰ ਸਦਾ ਆਪਣੇ ਚਿੱਤ ਵਿਚ ਪ੍ਰੋ ਰੱਖ ॥੧॥ ਰਹਾਉ ॥
7974	187	ਰੇ ਮਨ ਮੇਰੇ ਤੂੰ ਤਾ ਕਉ ਸੇਵਿ॥		Rae Man Maerae Thoon Thaa Ko Saev ||	O my mind, serve Him;	ਹੇ ਮੇਰੇ ਮਨ! ਤੂੰ ਉਸ ਪਰਮਾਤਮਾ ਦੀ ਸੇਵਾ-ਭਗਤੀ ਕਰ,
7975	187	ਆਦਿ ਪੁਰਖ ਅਪਰੰਪਰ ਦੇਵ॥੨॥	(ਅਪ-ਰੰਪਰ) ਪਰੇ ਤੋਂ ਪਰੇ ਬੇਅੰਤ (ਦੇਵ) ਪ੍ਰਕਾਸ਼ ਸਰੂਪ ਬ੍ਰਹਮ ਜੀ	Aadh Purakh Aparanpar Dhaev ||2||	He is the Primal Being, the Infinite Divine Lord. ||2||	ਜੋ (ਸਾਰੇ ਜਗਤ ਦਾ) ਮੂਲ ਹੈ, ਜੋ ਸਭ ਵਿਚ ਵਿਆਪਕ ਹੈ ਜੋ ਪਰੇ ਤੋਂ ਪਰੇ ਹੈ (ਬੇਅੰਤ ਹੈ) ਤੇ ਜੋ ਪ੍ਰਕਾਸ਼-ਰੂਪ ਹੈ ॥੨॥
7976	187	ਤਿਸੁ ਊਪਰਿ ਮਨ ਕਰਿ ਤੂੰ ਆਸਾ॥		This Oopar Man Kar Thoon Aasaa ||	Place your hopes in the One	ਹੇ (ਮੇਰੇ) ਮਨ! ਤੂੰ ਉਸ ਪਰਮਾਤਮਾ ਉਤੇ (ਆਪਣੀਆਂ ਸਾਰੀਆਂ ਲੋੜਾਂ ਪੂਰੀਆਂ ਹੋਣ ਦੀ) ਆਸ ਰੱਖ,

7977	187	ਆਦਿ ਜੁਗਾਦਿ ਜਾ ਕਾ ਭਰਵਾਸਾ॥੩॥	(ਭਰਵਾਸਾ) ਭਰੋਸਾ	Aadh Jugaadh Jaa Kaa Bharavaasaa ||3||	Who is the Support of all beings, from the very beginning of time, and throughout the ages. ||3||	ਜਿਸ (ਦੀ ਸਹਾਇਤਾ) ਦਾ ਭਰੋਸਾ ਸਦਾ ਤੋਂ ਹੀ (ਸਭ ਜੀਵਾਂ ਨੂੰ ਹੈ) ॥੩॥
7978	187	ਜਾ ਕੀ ਪ੍ਰੀਤਿ ਸਦਾ ਸੁਖੁ ਹੋਇ॥		Jaa Kee Preeth Sadhaa Sukh Hoe ||	His Love brings eternal peace;	(ਹੇ ਭਾਈ!) ਜਿਸ ਪਰਮਾਤਮਾ ਨਾਲ ਪ੍ਰੀਤਿ ਕਰਨ ਦੀ ਬਰਕਤਿ ਨਾਲ ਸਦਾ ਆਤਮਕ ਆਨੰਦ ਮਿਲਦਾ ਹੈ,
7979	187	ਨਾਨਕੁ ਗਾਵੈ ਗੁਰ ਮਿਲਿ ਸੋਇ॥੪॥੩੯॥੧੦੮॥	(ਸੋਇ) ਸੋ ਬ੍ਰਹਮ ਜੀ ਦੀ (ਸੋਇ) ਸੋਭਾ	Naanak Gaavai Gur Mil Soe ||4||39||108||	Meeting the Guru, Nanak sings His Glorious Praises. ||4||39||108||	ਨਾਨਕ (ਆਪਣੇ) ਗੁਰੂ ਨੂੰ ਮਿਲ ਕੇ ਉਸ ਦੇ ਗੁਣ ਗਾਂਦਾ ਹੈ ॥੪॥੩੯॥੧੦੮॥
7980	187	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
7981	187	ਮੀਤੁ ਕਰੈ ਸੋਈ ਹਮ ਮਾਨਾ॥		Meeth Karai Soee Ham Maanaa ||	Whatever my Friend does, I accept.	(ਹੇ ਭਾਈ!) ਮੇਰਾ ਮਿੱਤਰ-ਪ੍ਰਭੂ ਜੋ ਕੁਝ ਕਰਦਾ ਹੈ ਉਸ ਨੂੰ ਮੈਂ (ਸਿਰ-ਮੱਥੇ ਉਤੇ) ਮੰਨਦਾ ਹਾਂ,
7982	187	ਮੀਤ ਕੇ ਕਰਤਬ ਕੁਸਲ ਸਮਾਨਾ॥੧॥	(ਕਰ-ਤਬ) ਕੌਤਕ। (:ਪੋਲਾ ਬੋਲੋ ਕੁਸਲ) ਸੁਖ ਚ (ਸਮਾਨਾ) ਸਮਾਉਣਾ	Meeth Kae Karathab Kusal Samaanaa ||1||	My Friend's actions are pleasing to me. ||1||	ਮਿੱਤਰ-ਪ੍ਰਭੂ ਦੇ ਕੀਤੇ ਕੰਮ ਮੈਨੂੰ ਸੁਖਾਂ ਵਰਗੇ (ਪ੍ਰਤੀਤ ਹੁੰਦੇ) ਹਨ ॥੧॥
7983	187	ਏਕਾ ਟੇਕ ਮੇਰੈ ਮਨਿ ਚੀਤ॥	(ਟੇਕ) ਆਸਰਾ	Eaekaa Ttaek Maerai Man Cheeth ||	Within my conscious mind, the One Lord is my only Support.	(ਹੇ ਭਾਈ!) ਮੇਰੇ ਮਨ-ਚਿੱਤ ਵਿਚ ਸਿਰਫ਼ ਇਹ ਸਹਾਰਾ ਹੈ,

7984	187	ਜਿਸੁ ਕਿਛੁ ਕਰਣਾ ਸੁ ਹਮਰਾ ਮੀਤ॥੧॥ਰਹਾਉ॥		Jis Kishh Karanaa S Hamaraa Meeth ||1|| Rehaao ||	One who does this is my Friend. ||1||Pause||	ਕਿ ਜਿਸ ਪਰਮਾਤਮਾ ਦੀ ਇਹ ਸਾਰੀ ਰਚਨਾ ਹੈ ਉਹ ਮੇਰਾ ਮਿੱਤਰ ਹੈ ॥੧॥ ਰਹਾਉ ॥
7985	187	ਮੀਤੁ ਹਮਾਰਾ ਵੇਪਰਵਾਹਾ॥		Meeth Hamaaraa Vaeparavaahaa ||	My Friend is Carefree.	(ਹੇ ਭਾਈ!) ਮੇਰਾ ਮਿੱਤਰ-ਪ੍ਰਭੂ ਬੇ-ਮੁਥਾਜ ਹੈ (ਉਸ ਨੂੰ ਕਿਸੇ ਦੀ ਕੋਈ ਗ਼ਰਜ਼ ਨਹੀਂ ਕਾਣ ਨਹੀਂ),
7986	187	ਗੁਰ ਕਿਰਪਾ ਤੇ ਮੋਹਿ ਅਸਨਾਹਾ॥੨॥	(ਅਸਨਾਹਾ) ਪ੍ਰੇਮ	Gur Kirapaa Thae Mohi Asanaahaa ||2||	By Guru's Grace, I give my love to Him. ||2||	ਗੁਰੂ ਦੀ ਕਿਰਪਾ ਨਾਲ ਉਸ ਨਾਲ ਮੇਰਾ ਪਿਆਰ ਬਣ ਗਿਆ ਹੈ (ਭਾਵ, ਮੇਰੇ ਨਾਲ ਉਸ ਦੀ ਸਾਂਝ ਇਸ ਵਾਸਤੇ ਨਹੀਂ ਬਣੀ ਕਿ ਉਸ ਨੂੰ ਕੋਈ ਗ਼ਰਜ਼ ਸੀ। ਇਹ ਤਾਂ ਸਤਿਗੁਰੂ ਦੀ ਮਿਹਰ ਹੋਈ ਹੈ) ॥੨॥
7987	187	ਮੀਤੁ ਹਮਾਰਾ ਅੰਤਰਜਾਮੀ॥		Meeth Hamaaraa Antharajaamee ||	My Friend is the Inner-knower, the Searcher of hearts.	ਮੇਰਾ ਮਿੱਤਰ-ਪ੍ਰਭੂ (ਹਰੇਕ ਜੀਵ ਦੇ) ਦਿਲ ਦੀ ਜਾਣਨ ਵਾਲਾ ਹੈ।
7988	187	ਸਮਰਥ ਪੁਰਖੁ ਪਾਰਬ੍ਰਹਮੁ ਸੁਆਮੀ॥੩॥	ਸਮਰੱਥ	Samarathh Purakh Paarabreham Suaamee ||3||	He is the All-powerful Being, the Supreme Lord and Master. ||3||	ਉਹ ਸਭ ਤਾਕਤਾਂ ਦਾ ਮਾਲਕ ਹੈ, ਸਭ ਵਿਚ ਵਿਆਪਕ ਹੈ, ਬੇਅੰਤ ਹੈ, ਸਭ ਦਾ ਮਾਲਕ ਹੈ ॥੩॥
7989	187	ਹਮ ਦਾਸੇ ਤੁਮ ਠਾਕੁਰ ਮੇਰੇ॥		Ham Dhaasae Thum Thaakur Maerae ||	I am Your servant; You are my Lord and Master.	ਹੇ ਪ੍ਰਭੂ! ਤੂੰ ਮੇਰਾ ਮਾਲਕ ਹੈਂ, ਮੈਂ ਤੇਰਾ ਸੇਵਕ ਹਾਂ।

7990	188	ਮਾਨੁ ਮਹਤੁ ਨਾਨਕ ਪ੍ਰਭੁ ਤੇਰੇ॥੪॥੪੦॥੧੦੯॥	(ਮਾਨੁ) ਸਤਿਕਾਰ। (ਮ-ਹੱਤੁ) ਉੱਚਪਦ ਮਰਾਤਬੇ	Maan Mehath Naanak Prabh Thaerae ||4||40||109||	Nanak: my honor and glory are Yours, God. ||4||40||109||	ਹੇ ਨਾਨਕ! (ਆਖ-) ਤੇਰਾ ਸੇਵਕ ਬਣਿਆਂ ਹੀ (ਲੋਕ ਪਰਲੋਕ ਵਿਚ) ਆਦਰ ਮਿਲਦਾ ਹੈ ਵਡਿਆਈ ਮਿਲਦੀ ਹੈ ॥੪॥੪੦॥੧੦੯॥
7991	188	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
7992	188	ਜਾ ਕਉ ਤੁਮ ਭਏ ਸਮਰਥ ਅੰਗਾ॥	(ਅੰਗਾ) ਪੱਖ। ਸਮਰੱਥ	Jaa Ko Thum Bheae Samarathh Angaa ||	Those who have You on their side, O All-powerful Lord	ਹੇ ਸਭ ਤਾਕਤਾਂ ਦੇ ਮਾਲਕ ਪ੍ਰਭੂ! ਜਿਸ ਮਨੁੱਖ ਦਾ ਤੂੰ ਸਹਾਈ ਬਣਦਾ ਹੈਂ,
7993	188	ਤਾ ਕਉ ਕਛੁ ਨਾਹੀ ਕਾਲੰਗਾ॥੧॥	(ਕਾਲੰਗਾ) ਕਲੰਕ	Thaa Ko Kashh Naahee Kaalangaa ||1||	no black stain can stick to them. ||1||	ਉਸ ਨੂੰ ਕੋਈ (ਵਿਕਾਰ ਆਦਿਕਾਂ ਦਾ) ਦਾਗ਼ ਨਹੀਂ ਛੁਹ ਸਕਦਾ ॥੧॥
7994	188	ਮਾਧਉ ਜਾ ਕਉ ਹੈ ਆਸ ਤੁਮਾਰੀ॥		Maadhho Jaa Ko Hai Aas Thumaaree ||	O Lord of wealth, those who place their hopes in You	ਹੇ ਮਾਇਆ ਦੇ ਪਤੀ ਪ੍ਰਭੂ! ਜਿਸ ਮਨੁੱਖ ਨੂੰ (ਸਿਰਫ਼) ਤੇਰੀ (ਸਹਾਇਤਾ ਦੀ) ਆਸ ਹੈ,
7995	188	ਤਾ ਕਉ ਕਛੁ ਨਾਹੀ ਸੰਸਾਰੀ॥੧॥ਰਹਾਉ॥		Thaa Ko Kashh Naahee Sansaaree ||1|| Rehaao ||	nothing of the world can touch them at all. ||1||Pause||	ਉਸ ਨੂੰ ਦੁਨੀਆ (ਦੇ ਲੋਕਾਂ ਦੀ ਸਹਾਇਤਾ) ਦੀ ਆਸ (ਬਣਾਣ ਦੀ ਲੋੜ) ਨਹੀਂ (ਰਹਿੰਦੀ) ॥੧॥ ਰਹਾਉ ॥
7996	188	ਜਾ ਕੈ ਹਿਰਦੈ ਠਾਕੁਰੁ ਹੋਇ॥		Jaa Kai Hiradhai Thaakur Hoe ||	Those whose hearts are filled with their Lord and Master	(ਹੇ ਭਾਈ!) ਜਿਸ ਮਨੁੱਖ ਦੇ ਹਿਰਦੇ ਵਿਚ ਮਾਲਕ-ਪ੍ਰਭੂ ਚੇਤੇ ਰਹਿੰਦਾ ਹੈ,

7997	188	ਤਾ ਕਉ ਸਹਸਾ ਨਾਹੀ ਕੋਇ॥੨॥	(ਸਹਸਾ) ਭਰਮ	Thaa Ko Sehasaa Naahee Koe ||2||	no anxiety can affect them. ||2||	ਉਸ ਨੂੰ (ਦੁਨੀਆ ਦਾ) ਕੋਈ ਸਹਮ-ਫ਼ਿਕਰ ਪੋਹ ਨਹੀਂ ਸਕਦਾ ॥੨॥
7998	188	ਜਾ ਕਉ ਤੁਮ ਦੀਨੀ ਪ੍ਰਭ ਧੀਰ॥	(ਧੀਰ) ਧੀਰਜ	Jaa Ko Thum Dheenee Prabh Dhheer ||	Those, unto whom You give Your consolation, God	ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਧੀਰਜ ਦਿੱਤੀ ਹੈ,
7999	188	ਤਾ ਕੈ ਨਿਕਟਿ ਨ ਆਵੈ ਪੀਰ॥੩॥		Thaa Kai Nikatt N Aavai Peer ||3||	pain does not even approach them. ||3||	ਕੋਈ ਦੁੱਖ ਕਲੇਸ਼ ਉਸ ਦੇ ਨੇੜੇ ਨਹੀਂ ਢੁਕ ਸਕਦਾ ॥੩॥
8000	188	ਕਹੁ ਨਾਨਕ ਮੈ ਸੋ ਗੁਰੁ ਪਾਇਆ॥		Kahu Naanak Mai So Gur Paaeiaa ||	Says Nanak, I have found that Guru,	ਨਾਨਕ ਆਖਦਾ ਹੈ- ਮੈਂ ਉਹ ਗੁਰੂ ਲੱਭ ਲਿਆ ਹੈ,
8001	188	ਪਾਰਬ੍ਰਹਮ ਪੂਰਨ ਦੇਖਾਇਆ॥੪॥੪੧॥੧੧੦॥		Paarabreham Pooran Dhaekhaaeiaa ||4||41||110||	Who has shown me the Perfect, Supreme Lord God. ||4||41||110||	ਜਿਸ ਨੇ ਮੈਨੂੰ (ਇਹੋ ਜਿਹੀਆਂ ਤਾਕਤਾਂ ਦਾ ਮਾਲਕ) ਸਰਬ-ਵਿਆਪਕ ਬੇਅੰਤ ਪ੍ਰਭੂ ਵਿਖਾ ਦਿੱਤਾ ਹੈ ॥੪॥੪੧॥੧੧੦॥
8002	188	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8003	188	ਦੁਲਭ ਦੇਹ ਪਾਈ ਵਡਭਾਗੀ॥	(ਦੁ-ਲਭ) ਜੋ ਮੁਸ਼ਕਲ ਨਾਲ ਮਿਲੇ	Dhulabh Dhaeh Paaee Vaddabhaagee ||	This human body is so difficult to obtain; it is only obtained by great good fortune.	ਇਹ ਦੁਰਲੱਭ ਮਨੁੱਖਾ ਸਰੀਰ ਵੱਡੇ ਭਾਗਾਂ ਨਾਲ ਮਿਲਦਾ ਹੈ।
8004	188	ਨਾਮੁ ਨ ਜਪਹਿ ਤੇ ਆਤਮਘਾਤੀ॥੧॥		Naam N Japehi Thae Aatham Ghaathee ||1||	Those who do not meditate on the Naam, the Name of the Lord, are murderers of the soul. ||1||	(ਪਰ) ਜੇਹੜੇ ਮਨੁੱਖ (ਇਹ ਸਰੀਰ ਪ੍ਰਾਪਤ ਕਰ ਕੇ) ਪਰਮਾਤਮਾ ਦਾ ਨਾਮ ਨਹੀਂ ਜਪਦੇ, ਉਹ ਆਤਮਕ ਮੌਤ ਸਹੇੜ ਲੈਂਦੇ ਹਨ ॥੧॥

8005	188	ਮਰਿ ਨ ਜਾਹੀ ਜਿਨਾ ਬਿਸਰਤ ਰਾਮ॥	ਬਿਸ-ਰਤ	Mar N Jaahee Jinaa Bisarath Raam ||	Those who forget the Lord might just as well die.	(ਹੇ ਭਾਈ!) ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ (ਦਾ ਨਾਮ) ਭੁੱਲ ਜਾਂਦਾ ਹੈ, ਉਹ ਜ਼ਰੂਰ ਆਤਮਕ ਮੌਤੇ ਮਰ ਜਾਂਦੇ ਹਨ,
8006	188	ਨਾਮ ਬਿਹੂਨ ਜੀਵਨ ਕਉਨ ਕਾਮ॥੧॥ਰਹਾਉ॥	(ਬਿਹੂਨ) ਬਿਨਾ	Naam Bihoon Jeevan Koun Kaam ||1|| Rehaao ||	Without the Naam, of what use are their lives? ||1||Pause||	(ਕਿਉਂਕਿ) ਪਰਮਾਤਮਾ ਦੇ ਨਾਮ ਤੋਂ ਵਾਂਜੇ ਰਿਹਾਂ ਮਨੁੱਖਾ ਜੀਵਨ ਕਿਸੇ ਭੀ ਕੰਮ ਨਹੀਂ ॥੧॥ ਰਹਾਉ ॥
8007	188	ਖਾਤ ਪੀਤ ਖੇਲਤ ਹਸਤ ਬਿਸਥਾਰ॥	(ਹਸਤ) ਹੱਸਦੇ। (ਖਿਲਾਰ) ਖਲਾਰਾ। ਖ੍ਹੇਲਤ	Khaath Peeth Khaelath Hasath Bisathhaar ||	Eating, drinking, playing, laughing and showing off	(ਪਰਮਾਤਮਾ ਦੇ ਨਾਮ ਤੋਂ ਖੁੰਝੇ ਹੋਏ ਮਨੁੱਖ) ਖਾਣ ਪੀਣ ਖੇਡਣ ਹੱਸਣ ਦੇ ਖਿਲਾਰੇ ਖਿਲਾਰਦੇ ਹਨ (ਪਰ ਇਹ ਇਉਂ ਹੀ ਹੈ,
8008	188	ਕਵਨ ਅਰਥ ਮਿਰਤਕ ਸੀਗਾਰ॥੨॥		Kavan Arathh Mirathak Seegaar ||2||	- what use are the ostentatious displays of the dead? ||2||	ਜਿਵੇਂ ਕਿਸੇ ਮੁਰਦੇ ਨੂੰ ਹਾਰ ਸ਼ਿੰਗਾਰ ਲਾਉਣੇ, ਤੇ) ਮੁਰਦੇ ਨੂੰ ਸ਼ਿੰਗਾਰਨ ਦਾ ਕੋਈ ਭੀ ਲਾਭ ਨਹੀਂ ਹੁੰਦਾ ॥੨॥
8009	188	ਜੋ ਨ ਸੁਨਹਿ ਜਸੁ ਪਰਮਾਨੰਦਾ॥		Jo N Sunehi Jas Paramaanandhaa ||	Those who do not listen to the Praises of the Lord of supreme bliss,	ਜੇਹੜੇ ਮਨੁੱਖ ਸਭ ਤੋਂ ਸ੍ਰੇਸ਼ਟ ਆਨੰਦ ਦੇ ਮਾਲਕ ਪ੍ਰਭੂ ਦੀ ਸਿਫ਼ਤ-ਸਾਲਾਹ ਨਹੀਂ ਸੁਣਦੇ,
8010	188	ਪਸੁ ਪੰਖੀ ਤ੍ਰਿਗਦ ਜੋਨਿ ਤੇ ਮੰਦਾ॥੩॥	(ਤ੍ਰਿਗਦ) ਟੇਢੀਆਂ। ਪਸੁ: ਪੋਲਾ ਬੋਲੋ	Pas Pankhee Thrigadh Jon Thae Mandhaa ||3||	Are worse off than beasts, birds or creeping creatures. ||3||	ਉਹ ਪਸ਼ੂ ਪੰਛੀ ਤੇ ਟੇਢੇ ਹੋ ਕੇ ਤੁਰਨ ਵਾਲੇ ਜੀਵਾਂ ਦੀਆਂ ਜੂਨਾਂ ਨਾਲੋਂ ਭੀ ਭੈੜੇ ਹਨ ॥੩॥
8011	188	ਕਹੁ ਨਾਨਕ ਗੁਰਿ ਮੰਤ੍ਰੁ ਦ੍ਰਿੜਾਇਆ॥		Kahu Naanak Gur Manthra Dhrirraaeiaa ||	Says Nanak, the GurMantra has been implanted within me;	ਨਾਨਕ ਆਖਦਾ ਹੈ- ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਨੇ ਆਪਣਾ ਉਪਦੇਸ਼ ਪੱਕਾ ਕਰ ਦਿੱਤਾ ਹੈ,

8012	188	ਕੇਵਲ ਨਾਮੁ ਰਿਦ ਮਾਹਿ ਸਮਾਇਆ॥੪॥੪੨॥੧੧੧॥		Kaeval Naam Ridh Maahi Samaaeiaa ||4||42||111||	The Name alone is contained within my heart. ||4||42||111||	ਉਸ ਦੇ ਹਿਰਦੇ ਵਿਚ ਸਿਰਫ਼ ਪਰਮਾਤਮਾ ਦਾ ਨਾਮ ਹੀ ਸਦਾ ਟਿਕਿਆ ਰਹਿੰਦਾ ਹੈ ॥੪॥੪੨॥੧੧੧॥
8013	188	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8014	188	ਕਾ ਕੀ ਮਾਈ ਕਾ ਕੋ ਬਾਪ॥		Kaa Kee Maaee Kaa Ko Baap ||	Whose mother is this? Whose father is this?	(ਅਸਲ ਵਿਚ ਸਦਾ ਲਈ) ਨਾਹ ਕੋਈ ਕਿਸੇ ਦੀ ਮਾਂ ਹੈ, ਨਾਹ ਕੋਈ ਕਿਸੇ ਦਾ ਪਿਉ ਹੈ।
8015	188	ਨਾਮ ਧਾਰੀਕ ਝੂਠੇ ਸਭਿ ਸਾਕ॥੧॥	(ਨਾਮ ਧਾਰੀਕ) ਨਾਮ ਮਾਤ੍ਰ	Naam Dhhaareek Jhoothae Sabh Saak ||1||	They are relatives in name only- they are all false. ||1||	(ਮਾਂ, ਪਿਉ, ਪੁਤ੍ਰ, ਇਸਤ੍ਰੀ ਆਦਿਕ ਇਹ) ਸਾਰੇ ਸਾਕ ਸਦਾ ਕਾਇਮ ਰਹਿਣ ਵਾਲੇ ਨਹੀਂ ਹਨ, ਕਹਿਣ-ਮਾਤ੍ਰ ਹੀ ਹਨ ॥੧॥
8016	188	ਕਾਹੇ ਕਉ ਮੂਰਖ ਭਖਲਾਇਆ॥	ਭਖਲਾਇਆ:ਪੋਲਾ ਬੋਲੋ। (ਭਖਲਾਇਆ) ਭਟਕ ਰਿਹਾ ਹੈਂ	Kaahae Ko Moorakh Bhakhalaaeiaa ||	Why are you screaming and shouting, you fool?	ਹੇ ਮੂਰਖ! ਤੂੰ ਕਿਉਂ (ਵਿਲਕ ਰਿਹਾ ਹੈਂ, ਜਿਵੇਂ) ਸੁਪਨੇ ਦੇ ਅਸਰ ਹੇਠ ਬੋਲ ਰਿਹਾ ਹੈਂ?

8017	188	ਮਿਲਿ ਸੰਜੋਗਿ ਹੁਕਮਿ ਤੂੰ ਆਇਆ॥੧॥ਰਹਾਉ ॥	ਪਿਛਲੇ (ਸੰਜੋਗਿ) ਸਬੰਧਾਂ ਕਰਕੇ (ਮਿਲਿ) ਮਿਲਿਆ	Mil Sanjog Hukam Thoon Aaeiaa ||1|| Rehaao ||	I have come to understand my soul, and I enjoy supreme bliss. ||1||Pause||	(ਤੈਨੂੰ ਇਹ ਸੂਝ ਨਹੀਂ ਕਿ) ਤੂੰ ਪਰਮਾਤਮਾ ਦੇ ਹੁਕਮ ਵਿਚ (ਪਿਛਲੇ) ਸੰਜੋਗ ਅਨੁਸਾਰ (ਇਹਨਾਂ ਮਾਂ ਪਿਉ ਆਦਿਕ ਸੰਬੰਧੀਆਂ ਨਾਲ) ਮਿਲ ਕੇ (ਜਗਤ ਵਿਚ) ਆਇਆ ਹੈਂ (ਜਿਤਨਾ ਚਿਰ ਇਹ ਸੰਜੋਗ ਕਾਇਮ ਹੈ ਉਤਨਾ ਚਿਰ ਹੀ ਇਹਨਾਂ ਸੰਬੰਧੀਆਂ ਨਾਲ ਮੇਲ ਰਹਿ ਸਕਦਾ ਹੈ) ॥੧॥ ਰਹਾਉ ॥
8018	188	ਏਕਾ ਮਾਟੀ ਏਕਾ ਜੋਤਿ॥		Eaekaa Maattee Eaekaa Joth ||	There is the one dust, the one light,	ਸਭ ਜੀਵਾਂ ਦੀ ਇਕੋ ਹੀ ਮਿੱਟੀ ਹੈ, ਸਭ ਵਿਚ (ਕਰਤਾਰ ਦੀ) ਇਕੋ ਹੀ ਜੋਤਿ ਮੌਜੂਦ ਹੈ,
8019	188	ਏਕੋ ਪਵਨੁ ਕਹਾ ਕਉਨੁ ਰੋਤਿ॥੨॥		Eaeko Pavan Kehaa Koun Roth ||2||	The one praanic wind. Why are you crying? For whom do you cry? ||2||	ਸਭ ਵਿਚ ਇਕੋ ਹੀ ਪ੍ਰਾਣ ਹਨ (ਜਿਤਨਾ ਚਿਰ ਸੰਜੋਗ ਕਾਇਮ ਹੈ ਉਤਨਾ ਚਿਰ ਇਹ ਤੱਤ ਇਕੱਠੇ ਹਨ। ਸੰਜੋਗ ਮੁੱਕ ਜਾਣ ਤੇ ਤੱਤ ਵੱਖ ਵੱਖ ਹੋ ਜਾਂਦੇ ਹਨ। ਕਿਸੇ ਨੂੰ ਕਿਸੇ ਵਾਸਤੇ) ਰੋਣ ਦੀ ਲੋੜ ਨਹੀਂ ਪੈਂਦੀ (ਰੋਣ ਦਾ ਲਾਭ ਨਹੀਂ ਹੁੰਦਾ) ॥੨॥
8020	188	ਮੇਰਾ ਮੇਰਾ ਕਰਿ ਬਿਲਲਾਹੀ॥	(ਬਿਲਲਾਹੀ) ਬ੍ਰਲਾਪ ਕਰਦੇ	Maeraa Maeraa Kar Bilalaahee ||	People weep and cry out, ""Mine, mine!""	(ਕਿਸੇ ਸੰਬੰਧੀ ਦੇ ਵਿਛੋੜੇ ਤੇ ਲੋਕ) 'ਮੇਰਾ, ਮੇਰਾ' ਆਖ ਕੇ ਵਿਲਕਦੇ ਹਨ,

8021	188	ਮਰਣਹਾਰੁ ਇਹੁ ਜੀਅਰਾ ਨਾਹੀ॥੩॥		Maranehaar Eihu Jeearaa Naahee ||3||	This soul is not perishable. ||3||	(ਪਰ ਇਹ ਨਹੀਂ ਸਮਝਦੇ ਕਿ ਸਦਾ ਲਈ ਕੋਈ ਕਿਸੇ ਦਾ 'ਮੇਰਾ' ਨਹੀਂ ਤੇ) ਇਹ ਜੀਵਾਤਮਾ ਮਰਨ ਵਾਲਾ ਨਹੀਂ ਹੈ ॥੩॥
8022	188	ਕਹੁ ਨਾਨਕ ਗੁਰਿ ਖੋਲੇ ਕਪਾਟ॥	(ਕਪਾਟ) ਪਰਦੇ	Kahu Naanak Gur Kholae Kapaatt ||	Says Nanak, the Guru has opened my shutters;	ਨਾਨਕ ਆਖਦਾ ਹੈ- ਜਿਨ੍ਹਾਂ ਮਨੁੱਖਾਂ ਦੇ (ਮਾਇਆ ਦੇ ਮੋਹ ਨਾਲ ਜਕੜੇ ਹੋਏ) ਕਵਾੜ ਗੁਰੂ ਨੇ ਖੋਲ੍ਹ ਦਿੱਤੇ,
8023	188	ਮੁਕਤੁ ਭਏ ਬਿਨਸੇ ਭ੍ਰਮ ਥਾਟ॥੪॥੪੩॥੧੧੨॥	ਭ੍ਰਮ ਦੀ (ਥਾਟ) ਬਨਾਵਟ	Mukath Bheae Binasae Bhram Thhaatt ||4||43||112||	I am liberated, and my doubts have been dispelled. ||4||43||112||	ਉਹ ਮੋਹ ਦੇ ਬੰਧਨਾਂ ਤੋਂ ਸੁਤੰਤਰ ਹੋ ਗਏ, ਉਹਨਾਂ ਦੇ ਮੋਹ ਦੀ ਭਟਕਣਾ ਵਾਲੇ ਸਾਰੇ ਪਸਾਰੇ ਮੁੱਕ ਗਏ ॥੪॥੪੩॥੧੧੨॥
8024	188	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8025	188	ਵਡੇ ਵਡੇ ਜੋ ਦੀਸਹਿ ਲੋਗ॥		Vaddae Vaddae Jo Dheesehi Log ||	Those who seem to be great and powerful,	(ਹੇ ਭਾਈ! ਦੁਨੀਆ ਵਿਚ ਧਨ ਪ੍ਰਭੁਤਾ ਆਦਿਕ ਨਾਲ) ਜੇਹੜੇ ਬੰਦੇ ਵੱਡੇ ਵੱਡੇ ਦਿੱਸਦੇ ਹਨ,
8026	188	ਤਿਨ ਕਉ ਬਿਆਪੈ ਚਿੰਤਾ ਰੋਗ॥੧॥		Thin Ko Biaapai Chinthaa Rog ||1||	Are afflicted by the disease of anxiety. ||1||	ਉਹਨਾਂ ਨੂੰ ਚਿੰਤਾ ਦਾ ਰੋਗ (ਸਦਾ) ਦਬਾਈ ਰੱਖਦਾ ਹੈ ॥੧॥

8027	188	ਕਉਨ ਵਡਾ ਮਾਇਆ ਵਡਿਆਈ॥		Koun Vaddaa Maaeiaa Vaddiaaee ||	Who is great by the greatness of Maya?	(ਹੇ ਭਾਈ!) ਮਾਇਆ ਦੇ ਕਾਰਨ (ਜਗਤ ਵਿਚ) ਮਿਲੀ ਵਡਿਆਈ ਨਾਲ ਕੋਈ ਭੀ ਮਨੁੱਖ (ਅਸਲ ਵਿਚ) ਵੱਡਾ ਨਹੀਂ ਹੈ।
8028	188	ਸੋ ਵਡਾ ਜਿਨਿ ਰਾਮ ਲਿਵ ਲਾਈ॥੧॥ਰਹਾਉ॥		So Vaddaa Jin Raam Liv Laaee ||1|| Rehaao ||	They alone are great, who are lovingly attached to the Lord. ||1||Pause||	ਉਹ ਮਨੁੱਖ ਹੀ ਵੱਡਾ ਹੈ, ਜਿਸ ਨੇ ਪਰਮਾਤਮਾ ਨਾਲ ਲਗਨ ਲਾਈ ਹੋਈ ਹੈ ॥੧॥ ਰਹਾਉ ॥
8029	188	ਭੂਮੀਆ ਭੂਮਿ ਊਪਰਿ ਨਿਤ ਲੁਝੈ॥	(ਲੁੱਝੈ) ਲੜਦਾ	Bhoomeeaa Bhoom Oopar Nith Lujhai ||	The landlord fights over his land each day.	ਜ਼ਮੀਨ ਦਾ ਮਾਲਕ ਮਨੁੱਖ ਜ਼ਮੀਨ ਦੀ (ਮਾਲਕੀ ਦੀ) ਖ਼ਾਤਰ (ਹੋਰਨਾਂ ਨਾਲ) ਸਦਾ ਲੜਦਾ-ਝਗੜਦਾ ਰਹਿੰਦਾ ਹੈ।
8030	188	ਛੋਡਿ ਚਲੈ ਤ੍ਰਿਸਨਾ ਨਹੀ ਬੁਝੈ॥੨॥	ਬੁਝੈ: ਪੋਲਾ ਬੋਲੋ। ਚੱਲੈ	Shhodd Chalai Thrisanaa Nehee Bujhai ||2||	He shall have to leave it in the end, and yet his desire is still not satisfied. ||2||	(ਇਹ ਜ਼ਮੀਨ ਇਥੇ ਹੀ) ਛੱਡ ਕੇ (ਆਖ਼ਰ ਇਥੋਂ) ਤੁਰ ਪੈਂਦਾ ਹੈ, (ਪਰ ਸਾਰੀ ਉਮਰ ਉਸ ਦੀ ਮਾਲਕੀ ਦੀ) ਤ੍ਰਿਸ਼ਨਾ ਨਹੀਂ ਮਿਟਦੀ ॥੨॥
8031	188	ਕਹੁ ਨਾਨਕ ਇਹੁ ਤਤੁ ਬੀਚਾਰਾ॥	(ਤਤੁ) ਸਾਰ	Kahu Naanak Eihu Thath Beechaaraa ||	Says Nanak, this is the essence of Truth:	ਨਾਨਕ ਆਖਦਾ ਹੈ- ਅਸਾਂ ਵਿਚਾਰ ਕੇ ਕੰਮ ਦੀ ਇਹ ਗੱਲ ਲੱਭੀ ਹੈ,

8032	188	ਬਿਨੁ ਹਰਿ ਭਜਨ ਨਾਹੀ ਛੁਟਕਾਰਾ॥੩॥੪੪॥ ੧੧੩॥		Bin Har Bhajan Naahee Shhuttakaaraa ||3||44||113||	His Love brings eternal peace;	ਕਿ ਪਰਮਾਤਮਾ ਦੇ ਭਜਨ ਤੋਂ ਬਿਨਾ ਮਾਇਆ ਦੇ ਮੋਹ ਤੋਂ ਖ਼ਲਾਸੀ ਨਹੀ ਹੁੰਦੀ (ਤੇ ਜਦ ਤਕ ਮਾਇਆ ਦਾ ਮੋਹ ਕਾਇਮ ਹੈ ਤਦ ਤਕ ਮਨੁੱਖ ਦਾ ਵਿੱਤ ਨਿੱਕਾ ਜਿਹਾ ਹੀ ਰਹਿੰਦਾ ਹੈ ॥੩॥੪੪॥੧੧੩॥
8033	188	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8034	188	ਪੂਰਾ ਮਾਰਗੁ ਪੂਰਾ ਇਸਨਾਨੁ॥		Pooraa Maarag Pooraa Eisanaan ||	Perfect is the path; perfect is the cleansing bath.	ਪਰਮਾਤਮਾ ਦਾ ਨਾਮ ਹੀ (ਜੀਵਨ ਦਾ) ਸਹੀ ਰਸਤਾ ਹੈ, ਨਾਮ ਹੀ ਅਸਲ (ਤੀਰਥ-) ਇਸ਼ਨਾਨ ਹੈ।
8035	188	ਸਭੁ ਕਿਛੁ ਪੂਰਾ ਹਿਰਦੈ ਨਾਮੁ॥੧॥		Sabh Kishh Pooraa Hiradhai Naam ||1||	Everything is perfect, if the Naam is in the heart. ||1||	(ਗੁਰੂ ਦੀ ਮਿਹਰ ਨਾਲ) ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ, ਉਸ ਦਾ ਹਰੇਕ ਉੱਦਮ ਉਕਾਈ-ਹੀਣ ਹੁੰਦਾ ਹੈ ॥੧॥
8036	188	ਪੂਰੀ ਰਹੀ ਜਾ ਪੂਰੈ ਰਾਖੀ॥		Pooree Rehee Jaa Poorai Raakhee ||	One's honor remains perfect, when the Perfect Lord preserves it.	(ਪੂਰੇ ਗੁਰੂ ਦੀ ਮਿਹਰ ਨਾਲ) ਉਹਨਾਂ ਦੀ ਇੱਜ਼ਤ ਸਦਾ ਬਣੀ ਰਹੀ ਕਿਉਂਕਿ ਅਭੁੱਲ ਗੁਰੂ ਨੇ ਉਹਨਾਂ ਦੀ ਇੱਜ਼ਤ ਰੱਖੀ,
8037	188	ਪਾਰਬ੍ਰਹਮ ਕੀ ਸਰਣਿ ਜਨ ਤਾਕੀ॥੧॥ਰਹਾਉ॥	ਤਾੱਕੀ	Paarabreham Kee Saran Jan Thaakee ||1|| Rehaao ||	His servant takes to the Sanctuary of the Supreme Lord God. ||1||Pause||	ਜਿਨ੍ਹਾਂ ਮਨੁੱਖਾਂ ਨੇ (ਆਪਣੇ ਸਭ ਕਾਰ-ਵਿਹਾਰਾਂ ਵਿਚ) ਪਰਮਾਤਮਾ ਦਾ ਆਸਰਾ ਲਈ ਰੱਖਿਆ ॥੧॥ ਰਹਾਉ ॥

8038	188	ਪੂਰਾ ਸੁਖੁ ਪੂਰਾ ਸੰਤੋਖੁ॥		Pooraa Sukh Pooraa Santhokh ||	Perfect is the peace; perfect is the contentment.	(ਗੁਰੂ ਦੀ ਮਿਹਰ ਨਾਲ ਜੇਹੜਾ ਮਨੁੱਖ ਪਰਮਾਤਮਾ ਦੀ ਸਰਨ ਵਿਚ ਰਹਿੰਦਾ ਹੈ ਉਹ) ਸਦਾ ਲਈ ਆਤਮਕ ਆਨੰਦ ਮਾਣਦਾ ਹੈ ਤੇ ਸੰਤੋਖ ਵਾਲਾ ਜੀਵਨ ਬਿਤਾਂਦਾ ਹੈ।
8039	188	ਪੂਰਾ ਤਪੁ ਪੂਰਨ ਰਾਜੁ ਜੋਗੁ॥੨॥		Pooraa Thap Pooran Raaj Jog ||2||	Perfect is the penance; perfect is the Raja Yoga, the Yoga of meditation and success. ||2||	(ਪਰਮਾਤਮਾ ਦੀ ਸਰਨ ਹੀ ਉਸ ਦੇ ਵਾਸਤੇ) ਅਭੁੱਲ ਤਪ ਹੈ, ਉਹ ਪੂਰਨ ਰਾਜ ਭੀ ਮਾਣਦਾ ਹੈ ਤੇ ਪਰਮਾਤਮਾ ਦੇ ਚਰਨਾਂ ਨਾਲ ਜੁੜਿਆ ਭੀ ਰਹਿੰਦਾ ਹੈ ॥੨॥
8040	188	ਹਰਿ ਕੈ ਮਾਰਗਿ ਪਤਿਤ ਪੁਨੀਤ॥	ਪ-ਤਿਤ	Har Kai Maarag Pathith Puneeth ||	On the Lord's Path, sinners are purified.	(ਗੁਰੂ ਦੀ ਮਿਹਰ ਨਾਲ ਜਿਹੜੇ ਮਨੁੱਖ) ਪਰਮਾਤਮਾ ਦੇ ਰਾਹ ਉਤੇ ਤੁਰਦੇ ਹਨ ਉਹ (ਪਹਿਲਾਂ) ਵਿਕਾਰਾਂ ਵਿਚ ਡਿੱਗੇ ਹੋਏ ਭੀ (ਹੁਣ) ਪਵਿਤ੍ਰ ਹੋ ਜਾਂਦੇ ਹਨ।
8041	188	ਪੂਰੀ ਸੋਭਾ ਪੂਰਾ ਲੋਕੀਕ॥੩॥	(ਲੋਕੀਕ) ਲੋਕ ਪ੍ਰੀਤੀ	Pooree Sobhaa Pooraa Lokeek ||3||	Perfect is their glory; perfect is their humanity. ||3||	(ਉਹਨਾਂ ਨੂੰ ਲੋਕ ਪਰਲੋਕ ਵਿਚ) ਸਦਾ ਲਈ ਸੋਭਾ ਮਿਲਦੀ ਹੈ, ਲੋਕਾਂ ਨਾਲ ਉਹਨਾਂ ਦਾ ਵਰਤਣ-ਵਿਹਾਰ ਭੀ ਸੁਚੱਜਾ ਰਹਿੰਦਾ ਹੈ ॥੩॥
8042	188	ਕਰਣਹਾਰੁ ਸਦ ਵਸੈ ਹਦੂਰਾ॥		Karanehaar Sadh Vasai Hadhooraa ||	They dwell forever in the Presence of the Creator Lord.	ਕਰਤਾਰ ਸਿਰਜਣਹਾਰ ਸਦਾ ਉਸ ਮਨੁੱਖ ਦੇ ਅੰਗ-ਸੰਗ ਵੱਸਦਾ ਹੈ,

8043	188	ਕਹੁ ਨਾਨਕ ਮੇਰਾ ਸਤਿਗੁਰੁ ਪੂਰਾ॥੪॥੪੫॥੧੧੪॥		Kahu Naanak Maeraa Sathigur Pooraa ||4||45||114||	Says Nanak, my True Guru is Perfect. ||4||45||114||	ਨਾਨਕ ਆਖਦਾ ਹੈ- ਜਿਸ ਮਨੁੱਖ ਨੂੰ ਮੇਰਾ ਅਭੁੱਲ ਗੁਰੂ ਮਿਲ ਪੈਂਦਾ ਹੈ ॥੪॥੪੫॥੧੧੪॥
8044	188	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8045	188	ਸੰਤ ਕੀ ਧੂਰਿ ਮਿਟੇ ਅਘ ਕੋਟ॥	(ਕੋਟ) ਕ੍ਰੋੜਾਂ (ਅਘ) ਪਾਪ	Santh Kee Dhhoor Mittae Agh Kott ||	Millions of sins are wiped away by the dust of the feet of the Saints.	ਗੁਰੂ-ਸੰਤ ਦੇ ਚਰਨਾਂ ਦੀ ਧੂੜ (ਮੱਥੇ ਤੇ ਲਾਣ) ਨਾਲ (ਮਨੁੱਖ ਦੇ) ਕ੍ਰੋੜਾਂ ਪਾਪ ਦੂਰ ਹੋ ਜਾਂਦੇ ਹਨ।
8046	189	ਸੰਤ ਪ੍ਰਸਾਦਿ ਜਨਮ ਮਰਣ ਤੇ ਛੋਟ॥੧॥		Santh Prasaadh Janam Maran Thae Shhott ||1||	By the Grace of the Saints, one is released from birth and death. ||1||	ਗੁਰੂ-ਸੰਤ ਦੀ ਕਿਰਪਾ ਨਾਲ (ਮਨੁੱਖ ਨੂੰ) ਜਨਮ ਮਰਨ (ਦੇ ਚੱਕਰ) ਤੋਂ ਖ਼ਲਾਸੀ ਮਿਲ ਜਾਂਦੀ ਹੈ ॥੧॥
8047	189	ਸੰਤ ਕਾ ਦਰਸੁ ਪੂਰਨ ਇਸਨਾਨੁ॥		Santh Kaa Dharas Pooran Eisanaan ||	The Blessed Vision of the Saints is the perfect cleansing bath.	(ਹੇ ਭਾਈ!) ਗੁਰੂ-ਸੰਤ ਦਾ ਦਰਸਨ (ਹੀ) ਮੁਕੰਮਲ (ਤੀਰਥ-) ਇਸ਼ਨਾਨ ਹੈ।
8048	189	ਸੰਤ ਕ੍ਰਿਪਾ ਤੇ ਜਪੀਐ ਨਾਮੁ॥੧॥ਰਹਾਉ॥		Santh Kirapaa Thae Japeeai Naam ||1|| Rehaao ||	By the Grace of the Saints, one comes to chant the Naam, the Name of the Lord. ||1||Pause||	ਗੁਰੂ-ਸੰਤ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ ਜਪਿਆ ਜਾ ਸਕਦਾ ਹੈ ॥੧॥ ਰਹਾਉ ॥

8049	189	ਸੰਤ ਕੈ ਸੰਗਿ ਮਿਟਿਆ ਅਹੰਕਾਰੁ॥	ਅਹੰ-ਕਾਰੁ	Santh Kai Sang Mittiaa Ahankaar ||	In the Society of the Saints, egotism is shed,	(ਹੇ ਭਾਈ!) ਗੁਰੂ-ਸੰਤ ਦੀ ਸੰਗਤਿ ਵਿਚ (ਰਿਹਾਂ) ਅਹੰਕਾਰ ਦੂਰ ਹੋ ਜਾਂਦਾ ਹੈ,
8050	189	ਦ੍ਰਿਸਟਿ ਆਵੈ ਸਭੁ ਏਕੰਕਾਰੁ॥੨॥		Dhrisatt Aavai Sabh Eaekankaar ||2||	And the One Lord is seen everywhere. ||2||	(ਗੁਰੂ ਦੀ ਸੰਗਤਿ ਵਿਚ ਰਹਿਣ ਵਾਲੇ ਮਨੁੱਖ ਨੂੰ) ਹਰ ਥਾਂ ਇਕ ਪਰਮਾਤਮਾ ਹੀ ਨਜ਼ਰੀਂ ਆਉਂਦਾ ਹੈ ॥੨॥
8051	189	ਸੰਤ ਸੁਪ੍ਰਸੰਨ ਆਏ ਵਸਿ ਪੰਚਾ॥	ਸੁਪ੍ਰਸੰਨ। ਵੱਸਿ	Santh Suprasann Aaeae Vas Panchaa ||	By the pleasure of the Saints, the five passions are overpowered,	(ਹੇ ਭਾਈ!) ਜਿਸ ਮਨੁੱਖ ਉਤੇ ਗੁਰੂ-ਸੰਤ ਮਿਹਰਬਾਨ ਹੋ ਜਾਏ, (ਕਾਮਾਦਿਕ) ਪੰਜੇ (ਦੂਤ) ਉਸ ਦੇ ਵੱਸ ਵਿਚ ਆ ਜਾਂਦੇ ਹਨ,
8052	189	ਅੰਮ੍ਰਿਤੁ ਨਾਮੁ ਰਿਦੈ ਲੈ ਸੰਚਾ॥੩॥	(ਸੰਚਾ) ਇਕੱਠਾ ਕੀਤਾ	Anmrith Naam Ridhai Lai Sanchaa ||3||	And the heart is irrigated with the Ambrosial Naam. ||3||	ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਆਪਣੇ ਹਿਰਦੇ ਵਿਚ ਇਕੱਠਾ ਕਰ ਲੈਂਦਾ ਹੈ ॥੩॥
8053	189	ਕਹੁ ਨਾਨਕ ਜਾ ਕਾ ਪੂਰਾ ਕਰਮ॥		Kahu Naanak Jaa Kaa Pooraa Karam ||	Says Nanak, one whose karma is perfect,	(ਪਰ) ਨਾਨਕ ਆਖਦਾ ਹੈ- ਜਿਸ ਦੀ ਵੱਡੀ (ਚੰਗੀ) ਕਿਸਮਤਿ ਹੋਵੇ,
8054	189	ਤਿਸੁ ਭੇਟੇ ਸਾਧੂ ਕੇ ਚਰਨ॥੪॥੪੬॥੧੧੫॥		This Bhaettae Saadhhoo Kae Charan ||4||46||115||	Touches the feet of the Holy. ||4||46||115||	ਉਸ ਮਨੁੱਖ ਨੂੰ (ਹੀ) ਗੁਰੂ ਦੇ ਚਰਨ (ਪਰਸਣੇ) ਮਿਲਦੇ ਹਨ ॥੪॥੪੬॥੧੧੫॥
8055	189	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

8056	189	ਹਰਿ ਗੁਣ ਜਪਤ ਕਮਲੁ ਪਰਗਾਸੈ॥		Har Gun Japath Kamal Paragaasai ||	Meditating on the Glories of the Lord, the heart-lotus blossoms radiantly.	(ਹੇ ਭਾਈ!) ਪਰਮਾਤਮਾ ਦੇ ਗੁਣ ਗਾਂਦਿਆਂ (ਹਿਰਦਾ-) ਕੌਲ-ਫੁੱਲ ਖਿੜ ਪੈਂਦਾ ਹੈ,
8057	189	ਹਰਿ ਸਿਮਰਤ ਤ੍ਰਾਸ ਸਭ ਨਾਸੈ॥੧॥	(ਤ੍ਰਾਸ) ਡਰ	Har Simarath Thraas Sabh Naasai ||1||	Remembering the Lord in meditation, all fears are dispelled. ||1||	ਪਰਮਾਤਮਾ ਦਾ ਨਾਮ ਸਿਮਰਦਿਆਂ ਹਰੇਕ ਕਿਸਮ ਦਾ ਡਰ ਦੂਰ ਹੋ ਜਾਂਦਾ ਹੈ ॥੧॥
8058	189	ਸਾ ਮਤਿ ਪੂਰੀ ਜਿਤੁ ਹਰਿ ਗੁਣ ਗਾਵੈ॥		Saa Math Pooree Jith Har Gun Gaavai ||	Perfect is that intellect, by which the Glorious Praises of the Lord are sung.	(ਹੇ ਭਾਈ!) ਉਹੀ ਅਕਲ ਉਕਾਈ ਕਰਨ ਤੋਂ ਬਚੀ ਹੋਈ ਸਮਝੋ, ਜਿਸ ਅਕਲ ਦੀ ਬਰਕਤਿ ਨਾਲ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ,
8059	189	ਵਡੈਭਾਗਿ ਸਾਧੂਸੰਗੁ ਪਾਵੈ॥੧॥ਰਹਾਉ॥		Vaddai Bhaag Saadhhoo Sang Paavai ||1|| Rehaao ||	By great good fortune, one finds the Saadh Sangat, the Company of the Holy. ||1||Pause||	(ਪਰ ਇਹ ਅਕਲ ਉਸ ਮਨੁੱਖ ਦੇ ਅੰਦਰ ਪੈਦਾ ਹੁੰਦੀ ਹੈ ਜੋ) ਵੱਡੀ ਕਿਸਮਤਿ ਨਾਲ ਗੁਰੂ ਦੀ ਸੰਗਤਿ ਪ੍ਰਾਪਤ ਕਰ ਲੈਂਦਾ ਹੈ ॥੧॥ ਰਹਾਉ ॥
8060	189	ਸਾਧਸੰਗਿ ਪਾਈਐ ਨਿਧਿ ਨਾਮਾ॥	(ਨਿਧਿ) ਖਜ਼ਾਨਾ	Saadhhasang Paaeeai Nidhh Naamaa ||	In the Saadh Sangat, the treasure of the Name is obtained.	(ਹੇ ਭਾਈ!) ਗੁਰੂ ਦੀ ਸੰਗਤਿ ਵਿੱਚ ਰਿਹਾਂ ਪਰਮਾਤਮਾ ਦਾ ਨਾਮ ਖ਼ਜ਼ਾਨਾ ਮਿਲ ਜਾਂਦਾ ਹੈ,
8061	189	ਸਾਧਸੰਗਿ ਪੂਰਨ ਸਭਿ ਕਾਮਾ॥੨॥		Saadhhasang Pooran Sabh Kaamaa ||2||	Eating, drinking, playing, laughing and showing off	ਤੇ, ਗੁਰੂ ਦੀ ਸੰਗਤਿ ਵਿੱਚ ਰਿਹਾਂ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ ॥੨॥
8062	189	ਹਰਿ ਕੀ ਭਗਤਿ ਜਨਮੁ ਪਰਵਾਣੁ॥		Har Kee Bhagath Janam Paravaan ||	- what use are the ostentatious displays of the dead? ||2||	ਪਰਮਾਤਮਾ ਦੀ ਭਗਤੀ ਕੀਤਿਆਂ ਮਨੁੱਖਾ ਜਨਮ ਸਫਲ ਹੋ ਜਾਂਦਾ ਹੈ,

8063	189	ਗੁਰ ਕਿਰਪਾ ਤੇ ਨਾਮੁ ਵਖਾਣੁ॥੩॥	(ਵਖਾਣੁ) ਜਪਣਾ	Gur Kirapaa Thae Naam Vakhaan ||3||	Those who do not listen to the Praises of the Lord of supreme bliss,	(ਪਰ ਪਰਮਾਤਮਾ ਦੀ ਭਗਤੀ) ਪਰਮਾਤਮਾ ਦਾ ਨਾਮ ਉਚਾਰਨਾ ਗੁਰੂ ਦੀ ਕਿਰਪਾ ਨਾਲ (ਹੀ) ਮਿਲਦਾ ਹੈ ॥੩॥
8064	189	ਕਹੁ ਨਾਨਕ ਸੋ ਜਨੁ ਪਰਵਾਨੁ॥		Kahu Naanak So Jan Paravaan ||	Says Nanak, that humble being is accepted,	ਨਾਨਕ ਆਖਦਾ ਹੈ- (ਸਿਰਫ਼) ਉਹ ਮਨੁੱਖ (ਪਰਮਾਤਮਾ ਦੀ ਦਰਗਾਹ ਵਿਚ) ਕਬੂਲ ਹੁੰਦਾ ਹੈ,
8065	189	ਜਾ ਕੈ ਰਿਦੈ ਵਸੈ ਭਗਵਾਨੁ॥੪॥੪੭॥੧੧੬॥		Jaa Kai Ridhai Vasai Bhagavaan ||4||47||116||	Within whose heart the Lord God abides. ||4||47||116||	ਜਿਸ ਦੇ ਹਿਰਦੇ ਵਿਚ (ਸਦਾ) ਪਰਮਾਤਮਾ (ਦਾ ਨਾਮ) ਵੱਸਦਾ ਹੈ ॥੪॥੪੭॥੧੧੬॥
8066	189	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8067	189	ਏਕਸੁ ਸਿਉ ਜਾ ਕਾ ਮਨੁ ਰਾਤਾ॥		Eaekas Sio Jaa Kaa Man Raathaa ||	Those whose minds are imbued with the One Lord,	(ਗੁਰੂ ਦੀ ਕਿਰਪਾ ਨਾਲ) ਜਿਸ ਮਨੁੱਖ ਦਾ ਮਨ ਇਕ ਪਰਮਾਤਮਾ ਨਾਲ ਹੀ ਰੰਗਿਆ ਰਹਿੰਦਾ ਹੈ,
8068	189	ਵਿਸਰੀ ਤਿਸੈ ਪਰਾਈ ਤਾਤਾ॥੧॥	(ਤਾਤਾ) ਈਰਖਾ	Visaree Thisai Paraaee Thaathaa ||1||	Forget to feel jealous of others. ||1||	ਉਸ ਨੂੰ ਹੋਰਨਾਂ ਨਾਲ ਈਰਖਾ ਕਰਨੀ ਭੁੱਲ ਜਾਂਦੀ ਹੈ ॥੧॥
8069	189	ਬਿਨੁ ਗੋਬਿੰਦ ਨ ਦੀਸੈ ਕੋਈ॥		Bin Gobindh N Dheesai Koee ||	They see none other than the Lord of the Universe.	(ਜਿਸ ਮਨੁੱਖ ਉਤੇ ਗੁਰੂ ਦੀ ਕਿਰਪਾ ਹੁੰਦੀ ਹੈ, ਉਸ ਨੂੰ ਕਿਤੇ ਭੀ) ਗੋਬਿੰਦ ਤੋਂ ਬਿਨਾਂ ਹੋਰ ਕੋਈ (ਦੂਜਾ) ਨਹੀਂ ਦਿੱਸਦਾ।

8070	189	ਕਰਨ ਕਰਾਵਨ ਕਰਤਾ ਸੋਈ॥੧॥ਰਹਾਉ॥		Karan Karaavan Karathaa Soee ||1|| Rehaao ||	The Creator is the Doer, the Cause of causes. ||1||Pause||	(ਉਸ ਨੂੰ ਹਰ ਥਾਂ) ਉਹੀ ਕਰਤਾਰ ਦਿੱਸਦਾ ਹੈ ਜੋ ਸਭ ਕੁਝ ਕਰਨ ਦੀ ਸਮਰੱਥਾ ਵਾਲਾ ਹੈ ਤੇ ਸਭ ਜੀਵਾਂ ਪਾਸੋਂ ਕਰਾਣ ਦੀ ਤਾਕਤ ਵਾਲਾ ਹੈ ॥੧॥ ਰਹਾਉ ॥
8071	189	ਮਨਹਿ ਕਮਾਵੈ ਮੁਖਿ ਹਰਿ ਹਰਿ ਬੋਲੈ॥		Manehi Kamaavai Mukh Har Har Bolai ||	Those who work willingly, and chant the Name of the Lord, Har, Har	(ਗੁਰੂ ਦੀ ਕਿਰਪਾ ਨਾਲ ਜਿਹੜਾ ਮਨੁੱਖ) ਮਨ ਲਾ ਕੇ ਸਿਮਰਨ ਦੀ ਕਮਾਈ ਕਰਦਾ ਹੈ ਤੇ ਮੂੰਹੋਂ ਸਦਾ ਪਰਮਾਤਮਾ ਦਾ ਨਾਮ ਉਚਾਰਦਾ ਹੈ,
8072	189	ਸੋ ਜਨੁ ਇਤ ਉਤ ਕਤਹਿ ਨ ਡੋਲੈ॥੨॥	ਇਤ ਉਤ: ਪੋਲਾ ਬੋਲੋ	So Jan Eith Outh Kathehi N Ddolai ||2||	- they do not waver, here or hereafter. ||2||	ਉਹ ਮਨੁੱਖ (ਸੁੱਚੇ ਆਤਮਕ ਜੀਵਨ ਦੀ ਪੱਧਰ ਤੋਂ) ਕਦੇ ਭੀ ਨਹੀਂ ਡੋਲਦਾ, ਨਾਹ ਇਸ ਲੋਕ ਵਿਚ ਤੇ ਨਾਹ ਹੀ ਪਰਲੋਕ ਵਿਚ ॥੨॥
8073	189	ਜਾ ਕੈ ਹਰਿ ਧਨੁ ਸੋ ਸਚ ਸਾਹੁ॥		Jaa Kai Har Dhhan So Sach Saahu ||	Those who possess the wealth of the Lord are the true bankers.	(ਗੁਰੂ ਦੀ ਕਿਰਪਾ ਨਾਲ) ਜਿਸ ਮਨੁੱਖ ਦੇ ਪਾਸ ਪਰਮਾਤਮਾ ਦਾ ਨਾਮ-ਧਨ ਹੈ, ਉਹ ਐਸਾ ਸ਼ਾਹੂਕਾਰ ਹੈ, ਜੋ ਸਦਾ ਹੀ ਸ਼ਾਹੂਕਾਰ ਟਿਕਿਆ ਰਹਿੰਦਾ ਹੈ।
8074	189	ਗੁਰਿ ਪੂਰੈ ਕਰਿ ਦੀਨੋ ਵਿਸਾਹੁ॥੩॥	(ਵਿਸਾਹੁ) ਭਰੋਸਾ	Gur Poorai Kar Dheeno Visaahu ||3||	The Perfect Guru has established their line of credit. ||3||	ਪੂਰੇ ਗੁਰੂ ਨੇ (ਪਰਮਾਤਮਾ ਦੀ ਹਜ਼ੂਰੀ ਵਿਚ ਉਸ ਦੀ) ਸਾਖ ਬਣਾ ਦਿੱਤੀ ਹੈ ॥੩॥

8075	189	ਜੀਵਨ ਪੁਰਖੁ ਮਿਲਿਆ ਹਰਿ ਰਾਇਆ॥	(ਰਾਇਆ) ਪਾਤਸ਼ਾਹ	Jeevan Purakh Miliaa Har Raaeiaa ||	The Giver of life, the Sovereign Lord King meets them.	ਆਖ-(ਗੁਰੂ ਦੀ ਕਿਰਪਾ ਨਾਲ) ਜਿਸ ਮਨੁੱਖ ਨੂੰ ਸਰਬ-ਵਿਆਪਕ ਪ੍ਰਭੂ ਸਭ ਜੀਵਾਂ ਦੀ ਜ਼ਿੰਦਗੀ ਦਾ ਸਹਾਰਾ ਪ੍ਰਭੂ ਮਿਲ ਪਿਆ ਹੈ,
8076	189	ਕਹੁ ਨਾਨਕ ਪਰਮਪਦੁ ਪਾਇਆ॥੪॥੪੮॥ ੧੧੭॥		Kahu Naanak Param Padh Paaeiaa ||4||48||117||	Says Nanak, they attain the supreme status. ||4||48||117||	ਹੇ ਨਾਨਕ! ਉਸਨੇ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲਿਆ ਹੈ ॥੪॥੪੮॥੧੧੭॥
8077	189	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8078	189	ਨਾਮੁ ਭਗਤ ਕੈ ਪ੍ਰਾਨ ਅਧਾਰੁ॥		Naam Bhagath Kai Praan Adhhaar ||	The Naam, the Name of the Lord, is the Support of the breath of life of His devotees.	ਭਗਤੀ ਕਰਨ ਵਾਲੇ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਉਸ ਦੀ ਜ਼ਿੰਦਗੀ ਦਾ ਸਹਾਰਾ ਹੈ,
8079	189	ਨਾਮੋ ਧਨੁ ਨਾਮੋ ਬਿਉਹਾਰੁ॥੧॥	(ਬਿਉਹਾਰੁ) ਵਿਹਾਰ	Naamo Dhhan Naamo Biouhaar ||1||	The Naam is their wealth, the Naam is their occupation. ||1||	ਨਾਮ ਹੀ ਉਸ ਦੇ ਵਾਸਤੇ ਧਨ ਹੈ, ਤੇ ਨਾਮ ਹੀ ਉਸ ਦੇ ਵਾਸਤੇ (ਅਸਲੀ) ਵਣਜ-ਵਪਾਰ ਹੈ ॥੧॥
8080	189	ਨਾਮੁ ਵਡਾਈ ਜਨੁ ਸੋਭਾ ਪਾਏ॥		Naam Vaddaaee Jan Sobhaa Paaeae ||	By the greatness of the Naam, His humble servants are blessed with glory.	(ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ) ਨਾਮ ਹੈ, ਉਹ ਮਨੁੱਖ (ਲੋਕ ਪਰਲੋਕ ਵਿਚ) ਵਡਿਆਈ ਹਾਸਲ ਕਰਦਾ ਹੈ; ਸੋਭਾ ਖੱਟਦਾ ਹੈ,

8081	189	ਕਰਿ ਕਿਰਪਾ ਜਿਸੁ ਆਪਿ ਦਿਵਾਏ॥੧॥ਰਹਾਉ॥		Kar Kirapaa Jis Aap Dhivaaeae ||1|| Rehaao ||	The Lord Himself bestows it, in His Mercy. ||1||Pause||	(ਪਰ ਇਹ ਹਰਿ-ਨਾਮ ਉਸੇ ਮਨੁੱਖ ਨੂੰ ਮਿਲਦਾ ਹੈ) ਜਿਸ ਨੂੰ ਮਿਹਰ ਕਰ ਕੇ ਪਰਮਾਤਮਾ ਆਪ (ਗੁਰੂ ਪਾਸੋਂ) ਦਿਵਾਂਦਾ ਹੈ ॥੧॥ ਰਹਾਉ ॥
8082	189	ਨਾਮੁ ਭਗਤ ਕੈ ਸੁਖ ਅਸਥਾਨੁ॥		Naam Bhagath Kai Sukh Asathhaan ||	The Naam is the home of peace of His devotees.	ਪਰਮਾਤਮਾ ਦਾ ਨਾਮ ਭਗਤ ਦੇ ਹਿਰਦੇ ਵਿਚ ਆਤਮਕ ਆਨੰਦ ਦੇਣ ਦਾ ਵਸੀਲਾ ਹੈ।
8083	189	ਨਾਮ ਰਤੁ ਸੋ ਭਗਤੁ ਪਰਵਾਨੁ॥੨॥		Naam Rath So Bhagath Paravaan ||2||	Attuned to the Naam, His devotees are approved. ||2||	ਜੇਹੜਾ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗਿਆ ਹੋਇਆ ਹੈ, ਉਹੀ ਭਗਤ ਹੈ। ਉਹ ਪਰਮਾਤਮਾ ਦੀ ਹਜ਼ੂਰੀ ਵਿਚ ਕਬੂਲ ਹੈ ॥੨॥
8084	189	ਹਰਿ ਕਾ ਨਾਮੁ ਜਨ ਕਉ ਧਾਰੈ॥	ਜਨ (ਕਉ) ਨੂੰ (ਧਾਰੈ) ਧਾਰਨੇ ਯੋਗ ਹੈ। (ਦੂਜਾ ਪਾਠ: ਜਨਕ ਉਧਾਰੈ)	Har Kaa Naam Jan Ko Dhhaarai ||	The Name of the Lord is the support of His humble servants.	ਪਰਮਾਤਮਾ ਦਾ ਨਾਮ (ਪਰਮਾਤਮਾ ਦੇ) ਸੇਵਕ ਨੂੰ ਸਹਾਰਾ ਦੇਂਦਾ ਹੈ,
8085	189	ਸਾਸਿ ਸਾਸਿ ਜਨੁ ਨਾਮੁ ਸਮਾਰੈ॥੩॥		Saas Saas Jan Naam Samaarai ||3||	With each and every breath, they remember the Naam. ||3||	ਸੇਵਕ ਆਪਣੇ ਇਕ ਇਕ ਸਾਹ ਦੇ ਨਾਲ ਪਰਮਾਤਮਾ ਦਾ ਨਾਮ (ਆਪਣੇ ਹਿਰਦੇ ਵਿਚ) ਸਾਂਭ ਕੇ ਰੱਖਦਾ ਹੈ ॥੩॥
8086	189	ਕਹੁ ਨਾਨਕ ਜਿਸੁ ਪੂਰਾ ਭਾਗੁ॥		Kahu Naanak Jis Pooraa Bhaag ||	Says Nanak, those who have perfect destiny	ਨਾਨਕ ਆਖਦਾ ਹੈ- ਜਿਸ ਮਨੁੱਖ ਦੀ ਵੱਡੀ ਕਿਸਮਤ ਹੁੰਦੀ ਹੈ,

8087	189	ਨਾਮ ਸੰਗਿ ਤਾ ਕਾ ਮਨੁ ਲਾਗੁ॥੪॥੪੯॥੧੧੮॥		Naam Sang Thaa Kaa Man Laag ||4||49||118||	- their minds are attached to the Naam. ||4||49||118||	ਉਸ ਦਾ (ਹੀ) ਮਨ ਪਰਮਾਤਮਾ ਦੇ ਨਾਮ ਨਾਲ ਪਰਚਦਾ ਹੈ ॥੪॥੪੯॥੧੧੮॥
8088	189	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8089	189	ਸੰਤ ਪ੍ਰਸਾਦਿ ਹਰਿ ਨਾਮੁ ਧਿਆਇਆ॥		Santh Prasaadh Har Naam Dhhiaaeiaa ||	By the Grace of the Saints, I meditated on the Name of the Lord.	(ਹੇ ਭਾਈ! ਜਦੋਂ ਤੋਂ) ਗੁਰੂ-ਸੰਤ ਦੀ ਕਿਰਪਾ ਨਾਲ ਮੈਂ ਪਰਮਾਤਮਾ ਦਾ ਨਾਮ ਸਿਮਰ ਰਿਹਾ ਹਾਂ,
8090	189	ਤਬ ਤੇ ਧਾਵਤੁ ਮਨੁ ਤ੍ਰਿਪਤਾਇਆ॥੧॥	(ਧਾਵਤੁ) ਦੌੜਦਾ	Thab Thae Dhhaavath Man Thripathaaeiaa ||1||	Since then, my restless mind has been satisfied. ||1||	ਤਦੋਂ ਤੋਂ (ਮਾਇਆ ਦੀ ਖ਼ਾਤਰ) ਦੌੜਨ ਵਾਲਾ (ਮੇਰਾ) ਮਨ ਤ੍ਰਿਪਤ ਹੋ ਗਿਆ ਹੈ ॥੧॥
8091	189	ਸੁਖ ਬਿਸ੍ਰਾਮੁ ਪਾਇਆ ਗੁਣ ਗਾਇ॥	(ਬਿਸ੍ਰਾਮੁ) ਨਿਵਾਸ	Sukh Bisraam Paaeiaa Gun Gaae ||	I have obtained the home of peace, singing His Glorious Praises.	(ਹੇ ਭਾਈ! ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ) ਗੁਣ ਗਾ ਕੇ ਮੈਂ (ਉਹ) ਆਤਮਕ ਆਨੰਦ ਦਾ ਦਾਤਾ (ਪਰਮਾਤਮਾ) ਲੱਭ ਲਿਆ ਹੈ।
8092	189	ਸ੍ਰਮੁ ਮਿਟਿਆ ਮੇਰੀ ਹਤੀ ਬਲਾਇ॥੧॥ਰਹਾਉ॥	(ਸ੍ਰਮੁ) ਥਕਾਵਟ। (:ਪੋਲਾ ਬੋਲੋ ਹਤੀ) ਨਾਸ ਹੋਈ (ਬਲਾਇ) ਮੁਸੀਬਤ	Sram Mittiaa Maeree Hathee Balaae ||1|| Rehaao ||	My troubles have ended, and the demon has been destroyed. ||1||Pause||	(ਹੁਣ ਮਾਇਆ ਦੀ ਖ਼ਾਤਰ ਮੇਰੀ) ਦੌੜ-ਭੱਜ ਮਿਟ ਗਈ ਹੈ, (ਮੇਰੀ ਮਾਇਆ ਦੀ ਤ੍ਰਿਸ਼ਨਾ ਦੀ) ਬਲਾ ਮਰ ਮੁੱਕ ਗਈ ਹੈ ॥੧॥ ਰਹਾਉ ॥

8093	189	ਚਰਨਕਮਲ ਅਰਾਧਿ ਭਗਵੰਤਾ॥		Charan Kamal Araadhh Bhagavanthaa ||	Worship and adore the Lotus Feet of the Lord God.	(ਹੇ ਭਾਈ! ਗੁਰੂ ਦੀ ਕਿਰਪਾ ਨਾਲ) ਭਗਵਾਨ ਦੇ ਸੋਹਣੇ ਚਰਨਾਂ ਦਾ ਧਿਆਨ ਧਰ ਕੇ,
8094	189	ਹਰਿ ਸਿਮਰਨ ਤੇ ਮਿਟੀ ਮੇਰੀ ਚਿੰਤਾ॥੨॥	ਮਿਟੀ: ਪੋਲਾ ਬੋਲੋ	Har Simaran Thae Mittee Maeree Chinthaa ||2||	Meditating in remembrance on the Lord, my anxiety has come to an end. ||2||	ਪਰਮਾਤਮਾ ਦਾ ਨਾਮ ਸਿਮਰਨ ਨਾਲ ਮੇਰੀ (ਹਰੇਕ ਕਿਸਮ ਦੀ) ਚਿੰਤਾ ਮਿਟ ਗਈ ਹੈ ॥੨॥
8095	189	ਸਭਿ ਤਜਿ ਅਨਾਥੁ ਏਕ ਸਰਣਿ ਆਇਓ॥		Sabh Thaj Anaathh Eaek Saran Aaeiou ||	I have renounced all - I am an orphan. I have come to the Sanctuary of the One Lord.	(ਹੇ ਭਾਈ! ਜਦੋਂ) ਮੈਂ ਅਨਾਥ ਹੋਰ ਸਾਰੇ ਆਸਰੇ ਛੱਡ ਕੇ ਇਕ ਪਰਮਾਤਮਾ ਦੀ ਸਰਨ ਆ ਗਿਆ,
8096	189	ਊਚ ਅਸਥਾਨੁ ਤਬ ਸਹਜੇ ਪਾਇਓ॥੩॥		Ooch Asathhaan Thab Sehajae Paaeiou ||3||	Since then, I have found the highest celestial home. ||3||	ਤਦੋਂ ਆਤਮਕ ਅਡੋਲਤਾ ਵਿਚ ਟਿਕ ਕੇ ਮੈਂ ਉਹ ਸਭ (ਟਿਕਾਣਿਆਂ ਤੋਂ) ਉੱਚਾ ਟਿਕਾਣਾ ਪਰਾਪਤ ਕਰ ਲਿਆ ॥੩॥
8097	189	ਦੂਖੁ ਦਰਦੁ ਭ੍ਰਮੁ ਭਉ ਨਸਿਆ॥	ਨੱਸਿਆ	Dhookh Dharadh Bharam Bho Nasiaa ||	My pains, troubles, doubts and fears are gone.	(ਹੁਣ ਮੇਰਾ ਹਰੇਕ ਕਿਸਮ ਦਾ) ਦੁੱਖ-ਦਰਦ, ਭਟਕਣ ਤੇ ਡਰ ਦੂਰ ਹੋ ਗਿਆ ਹੈ,
8098	189	ਕਰਣਹਾਰੁ ਨਾਨਕ ਮਨਿ ਬਸਿਆ॥੪॥੫੦॥੧੧੯॥	ਬਸਿਆ: ਪੋਲਾ ਬੋਲੋ	Karanehaar Naanak Man Basiaa ||4||50||119||	The Creator Lord abides in Nanak's mind. ||4||50||119||	ਹੇ ਨਾਨਕ! (ਆਖ-ਗੁਰੂ ਦੀ ਕਿਰਪਾ ਨਾਲ) ਸਿਰਜਣਹਾਰ ਪਰਮਾਤਮਾ ਮੇਰੇ ਮਨ ਵਿਚ ਵੱਸ ਗਿਆ ਹੈ ॥੪॥੫੦॥੧੧੯॥

8099	189	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8100	189	ਕਰ ਕਰਿ ਟਹਲ ਰਸਨਾ ਗੁਣ ਗਾਵਉ॥	(ਕਰ) ਹੱਥ	Kar Kar Ttehal Rasanaa Gun Gaavo ||	With my hands I do His work; with my tongue I sing His Glorious Praises.	(ਹੇ ਭਾਈ! ਆਪਣੇ ਗੁਰੂ ਦੀ ਮਿਹਰ ਸਦਕਾ) ਮੈਂ ਆਪਣੇ ਹੱਥਾਂ ਨਾਲ (ਗੁਰਮੁਖਾਂ ਦੀ) ਸੇਵਾ ਕਰਦਾ ਹਾਂ ਤੇ ਜੀਭ ਨਾਲ (ਪਰਮਾਤਮਾ ਦੇ) ਗੁਣ ਗਾਂਦਾ ਹਾਂ,
8101	190	ਚਰਨ ਠਾਕੁਰ ਕੈ ਮਾਰਗਿ ਧਾਵਉ॥੧॥	(ਧਾਵਉ) ਚੱਲਣ	Charan Thaakur Kai Maarag Dhhaavo ||1||	With my feet, I walk on the Path of my Lord and Master. ||1||	ਤੇ ਪੈਰਾਂ ਨਾਲ ਮੈਂ ਪਰਮਾਤਮਾ ਦੇ ਰਸਤੇ ਉਤੇ ਚੱਲ ਰਿਹਾ ਹਾਂ ॥੧॥
8102	190	ਭਲੋ ਸਮੋ ਸਿਮਰਨ ਕੀ ਬਰੀਆ॥	(ਬਰੀਆ) ਵਾਰ	Bhalo Samo Simaran Kee Bareeaa ||	It is a good time, when I remember Him in meditation.	(ਹੇ ਮੇਰੇ ਮਨ! ਮਨੁੱਖਾ ਜਨਮ ਦਾ ਇਹ) ਸੋਹਣਾ ਸਮਾਂ (ਤੈਨੂੰ ਮਿਲਿਆ ਹੈ।
8103	190	ਸਿਮਰਤ ਨਾਮੁ ਭੈ ਪਾਰਿ ਉਤਰੀਆ॥੧॥ਰਹਾਉ॥	ਉੱਤਰੀ-ਆ	Simarath Naam Bhai Paar Outhareeaa ||1|| Rehaao ||	Meditating on the Naam, the Name of the Lord, I cross over the terrifying world-ocean. ||1||Pause||	ਇਹ ਮਨੁੱਖਾ ਜਨਮ ਹੀ ਪਰਮਾਤਮਾ ਦੇ) ਸਿਮਰਨ ਦਾ ਵੇਲਾ ਹੈ, (ਇਸ ਮਨੁੱਖਾ ਜਨਮ ਵਿਚ ਹੀ ਪਰਮਾਤਮਾ ਦਾ ਨਾਮ ਸਿਮਰਦਿਆਂ (ਸੰਸਾਰ ਦੇ ਅਨੇਕਾਂ) ਡਰਾਂ ਤੋਂ ਪਾਰ ਲੰਘ ਸਕੀਦਾ ਹੈ ॥੧॥ ਰਹਾਉ ॥
8104	190	ਨੇਤ੍ਰ ਸੰਤਨ ਕਾ ਦਰਸਨੁ ਪੇਖੁ॥	(ਪੇਖੁ) ਦੇਖ	Naethr Santhan Kaa Dharasan Paekh ||	With your eyes, behold the Blessed Vision of the Saints.	(ਹੇ ਭਾਈ! ਤੂੰ ਭੀ) ਆਪਣੀਆਂ ਅੱਖਾਂ ਨਾਲ ਗੁਰਮੁਖਾਂ ਦਾ ਦਰਸਨ ਕਰ,

8105	190	ਪ੍ਰਭ ਅਵਿਨਾਸੀ ਮਨ ਮਹਿ ਲੇਖੁ॥੨॥	(ਲੇਖੁ) ਲਿਖ	Prabh Avinaasee Man Mehi Laekh ||2||	Record the Immortal Lord God within your mind. ||2||	(ਗੁਰਮੁਖਾਂ ਦੀ ਸੰਗਤਿ ਵਿਚ ਰਹਿ ਕੇ) ਆਪਣੇ ਮਨ ਵਿਚ ਅਬਿਨਾਸੀ ਪਰਮਾਤਮਾ ਦੇ ਸਿਮਰਨ ਦਾ ਲੇਖ ਲਿਖਦਾ ਰਹੁ ॥੨॥
8106	190	ਸੁਣਿ ਕੀਰਤਨੁ ਸਾਧ ਪਹਿ ਜਾਇ॥		Sun Keerathan Saadhh Pehi Jaae ||	Listen to the Kirtan of His Praises, at the Feet of the Holy.	(ਹੇ ਭਾਈ!) ਗੁਰੂ ਦੀ ਸੰਗਤਿ ਵਿਚ ਜਾ ਕੇ ਤੂੰ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਸੁਣਿਆ ਕਰ,
8107	190	ਜਨਮ ਮਰਣ ਕੀ ਤ੍ਰਾਸ ਮਿਟਾਇ॥੩॥	(ਤ੍ਰਾਸ) ਡਰ	Janam Maran Kee Thraas Mittaae ||3||	Your fears of birth and death shall depart. ||3||	ਤੇ ਇਸ ਤਰ੍ਹਾਂ ਜਨਮ ਮਰਨ ਵਿਚ ਪਾਣ ਵਾਲੀ ਆਤਮਕ ਮੌਤ ਦਾ ਡਰ (ਆਪਣੇ ਅੰਦਰੋਂ) ਦੂਰ ਕਰ ਲੈ ॥੩॥
8108	190	ਚਰਣਕਮਲ ਠਾਕੁਰ ਉਰਿ ਧਾਰਿ॥	(ਉਰਿ) ਹਿਰਦੇ ਚ	Charan Kamal Thaakur Our Dhhaar ||	Enshrine the Lotus Feet of your Lord and Master within your heart.	ਪਰਮਾਤਮਾ ਦੇ ਸੋਹਣੇ ਚਰਨ ਆਪਣੇ ਹਿਰਦੇ ਵਿਚ ਟਿਕਾਈ ਰੱਖ।
8109	190	ਦੁਲਭ ਦੇਹ ਨਾਨਕ ਨਿਸਤਾਰਿ॥੪॥੫੧॥ ੧੨੦॥	(ਦੁ-ਲੱਭ) ਮੁਸਕਲ ਨਾਲ ਲੱਭਣ ਵਾਲੀ	Dhulabh Dhaeh Naanak Nisathaar ||4||51||120||	Thus this human life, so difficult to obtain, shall be redeemed. ||4||51||120||	ਹੇ ਨਾਨਕ! (ਆਖ-ਹੇ ਭਾਈ!) ਇਹ ਮਨੁੱਖਾ ਸਰੀਰ ਬੜੀ ਮੁਸ਼ਕਲ ਨਾਲ ਮਿਲਿਆ ਹੈ, ਇਸ ਨੂੰ (ਸਿਮਰਨ ਦੀ ਬਰਕਤਿ ਨਾਲ ਸੰਸਾਰ-ਸਮੁੰਦਰ ਦੇ ਵਿਕਾਰਾਂ ਤੋਂ) ਪਾਰ ਲੰਘਾ ਲੈ ॥੪॥੫੧॥੧੨੦॥
8110	190	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

8111	190	ਜਾ ਕਉ ਅਪਨੀ ਕਿਰਪਾ ਧਾਰੈ॥		Jaa Ko Apanee Kirapaa Dhhaarai ||	Those, upon whom the Lord Himself showers His Mercy,	(ਪਰ ਨਾਮ ਸਿਮਰਨਾ ਭੀ ਜੀਵਾਂ ਦੇ ਆਪਣੇ ਵੱਸ ਦੀ ਗੱਲ ਨਹੀਂ) ਜਿਸ ਮਨੁੱਖ ਉਤੇ ਪਰਮਾਤਮਾ ਆਪਣੀ ਮਿਹਰ ਕਰਦਾ ਹੈ,
8112	190	ਸੋ ਜਨੁ ਰਸਨਾ ਨਾਮੁ ਉਚਾਰੈ॥੧॥		So Jan Rasanaa Naam Ouchaarai ||1||	Chant the Naam, the Name of the Lord, with their tongues. ||1||	ਉਹ ਮਨੁੱਖ (ਆਪਣੀ) ਜੀਭ ਨਾਲ ਪਰਮਾਤਮਾ ਦਾ ਨਾਮ ਉਚਾਰਦਾ ਹੈ ॥੧॥
8113	190	ਹਰਿ ਬਿਸਰਤ ਸਹਸਾ ਦੁਖੁ ਬਿਆਪੈ॥	(ਸਹਸਾ) ਭਰਮ	Har Bisarath Sehasaa Dhukh Biaapai ||	Forgetting the Lord, superstition and sorrow shall overtake you.	(ਹੇ ਭਾਈ!) ਪਰਮਾਤਮਾ ਨੂੰ ਭੁਲਾਇਆਂ (ਦੁਨੀਆ ਦਾ) ਸਹਮ-ਦੁੱਖ (ਆਪਣਾ) ਜ਼ੋਰ ਪਾ ਲੈਂਦਾ ਹੈ,
8114	190	ਸਿਮਰਤ ਨਾਮੁ ਭਰਮੁ ਭਉ ਭਾਗੈ॥੧॥ਰਹਾਉ॥		Simarath Naam Bharam Bho Bhaagai ||1|| Rehaao ||	Meditating on the Naam, doubt and fear shall depart. ||1||Pause||	(ਪਰ ਪ੍ਰਭੂ ਦਾ) ਨਾਮ ਸਿਮਰਿਆਂ ਹਰੇਕ ਭਟਕਣਾ ਦੂਰ ਹੋ ਜਾਂਦੀ ਹੈ, ਹਰੇਕ ਕਿਸਮ ਦਾ ਡਰ ਨੱਠ ਜਾਂਦਾ ਹੈ ॥੧॥ ਰਹਾਉ ॥
8115	190	ਹਰਿ ਕੀਰਤਨੁ ਸੁਣੈ ਹਰਿ ਕੀਰਤਨੁ ਗਾਵੈ॥		Har Keerathan Sunai Har Keerathan Gaavai ||	Listening to the Kirtan of the Lord's Praises, and singing the Lord's Kirtan	(ਪ੍ਰਭੂ ਦੀ ਕਿਰਪਾ ਨਾਲ ਜੇਹੜਾ ਮਨੁੱਖ) ਪ੍ਰਭੂ ਦੀ ਸਿਫ਼ਤ-ਸਾਲਾਹ ਸੁਣਦਾ ਹੈ, ਪ੍ਰਭੂ ਦੀ ਸਿਫ਼ਤ-ਸਾਲਾਹ ਗਾਂਦਾ ਹੈ,
8116	190	ਤਿਸੁ ਜਨੁ ਦੂਖੁ ਨਿਕਟਿ ਨਹੀ ਆਵੈ॥੨॥		This Jan Dhookh Nikatt Nehee Aavai ||2||	Misfortune shall not even come near you. ||2||	(ਕੋਈ) ਦੁੱਖ ਉਸ ਮਨੁੱਖ ਦੇ ਨੇੜੇ ਨਹੀਂ ਢੁੱਕਦਾ ॥੨॥

8117	190	ਹਰਿ ਕੀ ਟਹਲੁ ਕਰਤ ਜਨੁ ਸੋਹੈ॥	(ਟਹਲੁ) ਸੇਵਾ। (ਸੋਹੈ) ਸੋਭਦੇ	Har Kee Ttehal Karath Jan Sohai ||	Working for the Lord, His humble servants look beautiful.	(ਹੇ ਭਾਈ!) ਪਰਮਾਤਮਾ ਦੀ ਸੇਵਾ-ਭਗਤੀ ਕਰਦਿਆਂ ਮਨੁੱਖ ਸੋਹਣੇ ਜੀਵਨ ਵਾਲਾ ਬਣ ਜਾਂਦਾ ਹੈ,
8118	190	ਤਾ ਕਉ ਮਾਇਆ ਅਗਨਿ ਨ ਪੋਹੈ॥੩॥	(ਪੋਹੈ) ਅਸਰ ਕਰਦੀ	Thaa Ko Maaeiaa Agan N Pohai ||3||	The fire of Maya does not touch them. ||3||	(ਕਿਉਂਕਿ) ਉਸ ਮਨੁੱਖ ਨੂੰ ਮਾਇਆ (ਦੀ ਤ੍ਰਿਸ਼ਨਾ ਦੀ) ਅੱਗ ਨਹੀਂ ਪੋਹ ਸਕਦੀ (ਉਸ ਦੇ ਆਤਮਕ ਜੀਵਨ ਨੂੰ ਸਾੜ ਨਹੀਂ ਸਕਦੀ) ॥੩॥
8119	190	ਮਨਿ ਤਨਿ ਮੁਖਿ ਹਰਿ ਨਾਮੁ ਦਇਆਲ॥		Man Than Mukh Har Naam Dhaeiaal ||	Within their minds, bodies and mouths, is the Name of the Merciful Lord.	ਦਇਆ ਦੇ ਘਰ ਪਰਮਾਤਮਾ ਦਾ ਨਾਮ ਜਿਸ ਮਨੁੱਖ ਦੇ ਮਨ ਵਿਚ ਹਿਰਦੇ ਵਿਚ ਤੇ ਮੂੰਹ ਵਿਚ ਵੱਸ ਪੈਂਦਾ ਹੈ,
8120	190	ਨਾਨਕ ਤਜੀਅਲੇ ਅਵਰਿ ਜੰਜਾਲ॥੪॥੫੨॥੧੨੧॥	(ਤਜੀਅਲੇ) ਤਿਆਗੇ	Naanak Thajeealae Avar Janjaal ||4||52||121||	Nanak has renounced other entanglements. ||4||52||121||	ਹੇ ਨਾਨਕ! ਉਸ ਮਨੁੱਖ ਨੇ (ਆਪਣੇ ਮਨ ਵਿਚੋਂ ਮਾਇਆ ਦੇ ਮੋਹ ਦੇ) ਹੋਰ ਸਾਰੇ ਜੰਜਾਲ ਲਾਹ ਦਿੱਤੇ ਹੁੰਦੇ ਹਨ ॥੪॥੫੨॥੧੨੧॥
8121	190	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8122	190	ਛਾਡਿ ਸਿਆਨਪ ਬਹੁ ਚਤੁਰਾਈ॥		Shhaadd Siaanap Bahu Chathuraaee ||	Renounce your cleverness, and your cunning tricks.	ਇਹ ਖ਼ਿਆਲ ਛੱਡ ਦੇ ਕਿ ਤੂੰ ਬੜਾ ਸਿਆਣਾ ਤੇ ਚਤੁਰ ਹੈਂ (ਤੇ ਜੀਵਨ-ਮਾਰਗ ਨੂੰ ਆਪ ਹੀ ਸਮਝ ਸਕਦਾ ਹੈਂ)
8123	190	ਗੁਰ ਪੂਰੇ ਕੀ ਟੇਕ ਟਿਕਾਈ॥੧॥		Gur Poorae Kee Ttaek Ttikaaee ||1||	Seek the Support of the Perfect Guru. ||1||	(ਹੇ ਭਾਈ! ਤੂੰ) ਪੂਰੇ ਗੁਰੂ ਦਾ ਆਸਰਾ ਲੈ ॥੧॥

8124	190	ਦੁਖ ਬਿਨਸੇ ਸੁਖ ਹਰਿ ਗੁਣ ਗਾਇ॥		Dhukh Binasae Sukh Har Gun Gaae ||	Your pain shall depart, and in peace, you shall sing the Glorious Praises of the Lord.	(ਹੇ ਭਾਈ!) ਪਰਮਾਤਮਾ ਦੇ ਗੁਣ ਗਾ ਕੇ ਉਸ ਨੂੰ ਸੁਖ (ਹੀ ਸੁਖ) ਮਿਲਦੇ ਹਨ ਤੇ ਉਸ ਦੇ ਸਾਰੇ ਦੇ (ਸਾਰੇ) ਦੁੱਖ ਦੂਰ ਹੋ ਜਾਂਦੇ ਹਨ,
8125	190	ਗੁਰੁ ਪੂਰਾ ਭੇਟਿਆ ਲਿਵ ਲਾਇ॥੧॥ਰਹਾਉ॥		Gur Pooraa Bhaettiaa Liv Laae ||1|| Rehaao ||	Those who work willingly, and chant the Name of the Lord, Har, Har	ਜਿਸ ਮਨੁੱਖ ਨੂੰ) ਪੂਰਾ ਗੁਰੂ ਮਿਲ ਪੈਂਦਾ ਹੈ (ਤੇ ਗੁਰੂ ਦੀ ਮਿਹਰ ਨਾਲ ਜੋ ਪ੍ਰਭੂ-ਚਰਨਾਂ ਵਿਚ) ਸੁਰਤ ਜੋੜਦਾ ਹੈ ॥੧॥ ਰਹਾਉ ॥
8126	190	ਹਰਿ ਕਾ ਨਾਮੁ ਦੀਓ ਗੁਰਿ ਮੰਤ੍ਰੁ॥		Har Kaa Naam Dheeou Gur Manthra ||	The Guru has given me the Mantra of the Name of the Lord.	(ਹੇ ਭਾਈ!) ਗੁਰੂ ਨੇ (ਜਿਸ ਮਨੁੱਖ ਨੂੰ) ਪਰਮਾਤਮਾ ਦਾ ਨਾਮ-ਮੰਤ੍ਰ ਦਿੱਤਾ ਹੈ,
8127	190	ਮਿਟੇ ਵਿਸੂਰੇ ਉਤਰੀ ਚਿੰਤ॥੨॥	(ਵਿਸੂਰੇ) ਦੁੱਖ। (ਚਿੰਤ) ਚਿੰਤਾ। ਉੱਤਰੀ	Mittae Visoorae Outharee Chinth ||2||	My worries are forgotten, and my anxiety is gone. ||2||	(ਉਸ ਮੰਤ੍ਰ ਦੀ ਬਰਕਤਿ ਨਾਲ ਉਸ ਦੇ ਸਾਰੇ) ਝੋਰੇ ਮਿਟ ਗਏ ਹਨ ਉਸ ਦੀ (ਹਰੇਕ ਕਿਸਮ ਦੀ) ਚਿੰਤਾ ਲਹਿ ਗਈ ਹੈ ॥੨॥
8128	190	ਅਨਦ ਭਏ ਗੁਰ ਮਿਲਤ ਕ੍ਰਿਪਾਲ॥	ਅਨ-ਦ: ਪੋਲਾ ਬੋਲੋ	Anadh Bheae Gur Milath Kirapaal ||	Meeting with the Merciful Guru, I am in ecstasy.	(ਹੇ ਭਾਈ!) ਦਇਆ ਦੇ ਸੋਮੇ ਗੁਰੂ ਨੂੰ ਮਿਲਿਆਂ ਆਤਮਕ ਖੁਸ਼ੀਆਂ ਪੈਦਾ ਹੋ ਜਾਂਦੀਆਂ ਹਨ,
8129	190	ਕਰਿ ਕਿਰਪਾ ਕਾਟੇ ਜਮ ਜਾਲ॥੩॥		Kar Kirapaa Kaattae Jam Jaal ||3||	Showering His Mercy, He has cut away the noose of the Messenger of Death. ||3||	ਗੁਰੂ ਕਿਰਪਾ ਕਰ ਕੇ (ਮਨੁੱਖ ਦੇ ਅੰਦਰੋਂ) ਆਤਮਕ ਮੌਤ ਲਿਆਉਣ ਵਾਲੀਆਂ ਮਾਇਆ ਦੇ ਮੋਹ ਦੀਆਂ ਫਾਹੀਆਂ ਕੱਟ ਦੇਂਦਾ ਹੈ ॥੩॥

8130	190	ਕਹੁ ਨਾਨਕ ਗੁਰੁ ਪੂਰਾ ਪਾਇਆ॥		Kahu Naanak Gur Pooraa Paaeiaa ||	Says Nanak, I have found the Perfect Guru;	ਨਾਨਕ ਆਖਦਾ ਹੈ- (ਜਿਸ ਮਨੁੱਖ ਨੂੰ) ਪੂਰਾ ਗੁਰੂ ਮਿਲ ਪੈਂਦਾ ਹੈ,
8131	190	ਤਾ ਤੇ ਬਹੁਰਿ ਨ ਬਿਆਪੈ ਮਾਇਆ॥੪॥੫੩॥ ੧੨੨॥	(ਬਿਆਪੈ) ਲੱਗਦੀ	Thaa Thae Bahur N Biaapai Maaeiaa ||4||53||122||	Maya shall no longer harass me. ||4||53||122||	ਉਸ ਗੁਰੂ ਦੀ ਬਰਕਤਿ ਨਾਲ (ਉਸ ਮਨੁੱਖ ਉਤੇ) ਮਾਇਆ (ਆਪਣਾ) ਜ਼ੋਰ ਨਹੀਂ ਪਾ ਸਕਦੀ ॥੪॥੫੩॥੧੨੨॥
8132	190	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8133	190	ਰਾਖਿ ਲੀਆ ਗੁਰਿ ਪੂਰੈ ਆਪਿ॥		Raakh Leeaa Gur Poorai Aap ||	The Perfect Guru Himself has saved me.	(ਹੇ ਭਾਈ! ਜੇਹੜਾ ਮਨੁੱਖ ਗੁਰੂ ਦੇ ਅਨੁਸਾਰ ਰਹਿੰਦਾ ਹੈ) ਪੂਰੇ ਗੁਰੂ ਨੇ ਆਪ ਉਸ ਨੂੰ (ਸਦਾ ਕਾਮਾਦਿਕ ਵੈਰੀਆਂ ਤੋਂ) ਬਚਾ ਲਿਆ ਹੈ,
8134	190	ਮਨਮੁਖ ਕਉ ਲਾਗੋ ਸੰਤਾਪੁ॥੧॥	(ਸੰਤਾਪੁ) ਦੁੱਖ	Manamukh Ko Laago Santhaap ||1||	The self-willed manmukhs are afflicted with misfortune. ||1||	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੂੰ (ਇਹਨਾਂ ਦਾ) ਸੇਕ ਲੱਗਦਾ ਹੀ ਰਹਿੰਦਾ ਹੈ ॥੧॥
8135	190	ਗੁਰੂ ਗੁਰੂ ਜਪਿ ਮੀਤ ਹਮਾਰੇ॥		Guroo Guroo Jap Meeth Hamaarae ||	Chant and meditate on the Guru, the Guru, O my friend.	ਹੇ ਮੇਰੇ ਮਿੱਤਰੋ! ਸਦਾ (ਆਪਣੇ) ਗੁਰੂ ਨੂੰ ਚੇਤੇ ਰੱਖੋ,

8136	190	ਮੁਖ ਊਜਲ ਹੋਵਹਿ ਦਰਬਾਰੇ॥੧॥ਰਹਾਉ ॥		Mukh Oojal Hovehi Dharabaarae ||1|| Rehaao ||	Your face shall be radiant in the Court of the Lord. ||1||Pause||	(ਗੁਰੂ ਦਾ ਉਪਦੇਸ਼ ਚੇਤੇ ਰੱਖਿਆਂ) ਤੁਹਾਡੇ ਮੂੰਹ ਪਰਮਾਤਮਾ ਦੀ ਦਰਗਾਹ ਵਿਚ ਰੌਸ਼ਨ ਹੋਣਗੇ ॥੧॥ ਰਹਾਉ ॥
8137	190	ਗੁਰ ਕੇ ਚਰਣ ਹਿਰਦੈ ਵਸਾਇ॥		Gur Kae Charan Hiradhai Vasaae ||	Enshrine the Feet of the Guru within your heart;	(ਹੇ ਭਾਈ! ਤੂੰ ਆਪਣੇ) ਹਿਰਦੇ ਵਿਚ ਗੁਰੂ ਦੇ ਚਰਨ ਵਸਾਈ ਰੱਖ।
8138	190	ਦੁਖ ਦੁਸਮਨ ਤੇਰੀ ਹਤੈ ਬਲਾਇ॥੨॥	ਹਤੈ:ਪੋਲਾ ਬੋਲੋ। (ਹਤੈ) ਨਾਸ। (ਬਲਾਇ) ਮੁਸੀਬਤ	Dhukh Dhusaman Thaeree Hathai Balaae ||2||	Your pains, enemies and bad luck shall be destroyed. ||2||	(ਗੁਰੂ ਤੇਰੇ ਸਾਰੇ) ਦੁੱਖ-ਕਲੇਸ਼ ਨਾਸ ਕਰੇਗਾ (ਕਾਮਾਦਿਕ ਤੇਰੇ ਸਾਰੇ) ਵੈਰੀਆਂ ਨੂੰ ਮਾਰ ਮੁਕਾਏਗਾ (ਤੇਰੇ ਉਤੇ ਦਬਾਉ ਪਾਣ ਵਾਲੀ ਮਾਇਆ-) ਚੁੜੇਲ ਨੂੰ ਮੁਕਾ ਦੇਵੇਗਾ ॥੨॥
8139	190	ਗੁਰ ਕਾ ਸਬਦੁ ਤੇਰੈ ਸੰਗਿ ਸਹਾਈ॥		Gur Kaa Sabadh Thaerai Sang Sehaaee ||	With each and every breath, they remember the Naam. ||3||	ਹੇ ਭਾਈ! ਗੁਰੂ ਦਾ ਸ਼ਬਦ ਹੀ ਤੇਰੇ ਨਾਲ (ਸਦਾ ਸਾਥ ਨਿਬਾਹੁਣ ਵਾਲਾ) ਸਾਥੀ ਹੈ।
8140	190	ਦਇਆਲ ਭਏ ਸਗਲੇ ਜੀਅ ਭਾਈ॥੩॥		Dhaeiaal Bheae Sagalae Jeea Bhaaee ||3||	O Siblings of Destiny, all beings shall be kind to you. ||3||	(ਗੁਰੂ ਦਾ ਸ਼ਬਦ ਹਿਰਦੇ ਵਿਚ ਪ੍ਰੋ ਰੱਖਿਆਂ) ਸਾਰੇ ਲੋਕ ਦਇਆਵਾਨ ਹੋ ਜਾਂਦੇ ਹਨ ॥੩॥
8141	190	ਗੁਰਿ ਪੂਰੈ ਜਬ ਕਿਰਪਾ ਕਰੀ॥		Gur Poorai Jab Kirapaa Karee ||	When the Perfect Guru granted His Grace,	ਜਦੋਂ ਪੂਰੇ ਗੁਰੂ ਨੇ (ਮੇਰੇ ਉਤੇ) ਮਿਹਰ ਕੀਤੀ,

8142	190	ਭਨਤਿ ਨਾਨਕ ਮੇਰੀ ਪੂਰੀ ਪਰੀ॥੪॥੫੪॥੧੨੩॥	(ਭਨਤਿ) ਫ਼ੁਰਮਾਉਂਦੇ। (ਪਰੀ) ਪਈ	Bhanath Naanak Maeree Pooree Paree ||4||54||123||	Says Nanak, I was totally, completely fulfilled. ||4||54||123||	ਨਾਨਕ ਆਖਦਾ ਹੈ-ਤਾਂ ਮੇਰੀ ਜੀਵਨ-ਘਾਲ ਸਫਲ ਹੋ ਗਈ (ਕਾਮਾਦਿਕ ਵੈਰੀ ਮੇਰੇ ਉੱਤੇ ਹੱਲਾ ਕਰਨੋਂ ਹਟ ਗਏ) ॥੪॥੫੪॥੧੨੩॥
8143	190	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8144	190	ਅਨਿਕ ਰਸਾ ਖਾਏ ਜੈਸੇ ਢੋਰ॥	(ਢੋਰ) ਪਸੂ	Anik Rasaa Khaaeae Jaisae Dtor ||	Like beasts, they consume all sorts of tasty treats.	ਜਿਵੇਂ ਪਸ਼ੂ (ਪੱਠਿਆਂ ਨਾਲ ਢਿੱਡ ਭਰ ਲੈਂਦੇ ਹਨ,
8145	190	ਮੋਹ ਕੀ ਜੇਵਰੀ ਬਾਧਿਓ ਚੋਰ॥੧॥	(ਜੇਵਰੀ) ਰੱਸੀ	Moh Kee Jaevaree Baadhhiou Chor ||1||	With the rope of emotional attachment, they are bound and gagged like thieves. ||1||	ਤਿਵੇਂ ਸਾਧ ਸੰਗਤਿ ਤੋਂ ਵਾਂਜਿਆ ਰਹਿ ਕੇ ਆਤਮਕ ਮੌਤ ਮਰਿਆ ਹੋਇਆ ਮਨੁੱਖ) ਅਨੇਕਾਂ ਸੁਆਦਲੇ ਪਦਾਰਥ ਖਾਂਦਾ ਰਹਿੰਦਾ ਹੈ ਤੇ (ਸੰਨ੍ਹ ਤੋਂ ਫੜੇ ਹੋਏ) ਚੋਰਾਂ ਵਾਂਗ (ਮਾਇਆ) ਦੇ ਮੋਹ ਦੀ ਰੱਸੀ ਨਾਲ (ਹੋਰ ਹੋਰ ਵਧੀਕ) ਜਕੜਿਆ ਜਾਂਦਾ ਹੈ ॥੧॥
8146	190	ਮਿਰਤਕ ਦੇਹ ਸਾਧਸੰਗ ਬਿਹੂਨਾ॥	(ਬਿਹੂਨਾ) ਬਿਨਾ	Mirathak Dhaeh Saadhhasang Bihoonaa ||	Their bodies are corpses, without the Saadh Sangat, the Company of the Holy.	ਹੇ ਭਾਈ! ਜੇਹੜਾ ਮਨੁੱਖ ਸਾਧ ਸੰਗਤਿ ਤੋਂ ਵਾਂਜਿਆ ਰਹਿੰਦਾ ਹੈ, ਉਸ ਦਾ ਸਰੀਰ ਮੁਰਦਾ ਹੈ (ਕਿਉਂਕਿ ਉਸ ਦੇ ਅੰਦਰ ਆਤਮਕ ਮੌਤੇ ਮਰੀ ਹੋਈ ਜਿੰਦ ਹੈ)।

8147	190	ਆਵਤ ਜਾਤ ਜੋਨੀ ਦੁਖ ਖੀਨਾ॥੧॥ਰਹਾਉ॥	(ਖੀਨਾ) ਨਾਸ ਹੁੰਦਾ	Aavath Jaath Jonee Dhukh Kheenaa ||1|| Rehaao ||	They come and go in reincarnation, and are destroyed by pain. ||1||Pause||	ਉਹ ਮਨੁੱਖ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ, ਜੂਨਾਂ ਦੇ ਦੁੱਖਾਂ ਦੇ ਕਾਰਨ ਉਸ ਦਾ ਆਤਮਕ ਜੀਵਨ ਹੋਰ ਹੋਰ ਕਮਜ਼ੋਰ ਹੁੰਦਾ ਜਾਂਦਾ ਹੈ ॥੧॥ ਰਹਾਉ ॥
8148	190	ਅਨਿਕ ਬਸਤ੍ਰ ਸੁੰਦਰ ਪਹਿਰਾਇਆ॥		Anik Basathr Sundhar Pehiraaeiaa ||	They wear all sorts of beautiful robes,	(ਆਤਮਕ ਮੌਤੇ ਮਰਿਆ ਮਨੁੱਖ) ਅਨੇਕਾਂ ਸੋਹਣੇ ਸੋਹਣੇ ਕੱਪੜੇ ਪਹਿਨਦਾ ਹੈ (ਗਰੀਬ ਮੈਲੇ ਕੱਪੜਿਆਂ ਵਾਲੇ ਮਨੁੱਖ ਉਸ ਤੋਂ ਡਰਦੇ ਰਤਾ ਪਰੇ ਪਰੇ ਰਹਿੰਦੇ ਹਨ।
8149	190	ਜਿਉ ਡਰਨਾ ਖੇਤ ਮਾਹਿ ਡਰਾਇਆ॥੨॥		Jio Ddaranaa Khaeth Maahi Ddaraaeiaa ||2||	But they are still just scarecrows in the field, frightening away the birds. ||2||	ਸੋ, ਗਰੀਬਾਂ ਦੇ ਵਾਸਤੇ ਉਹ ਇਉਂ ਹੀ ਹੁੰਦਾ ਹੈ) ਜਿਵੇਂ ਪੈਲੀ ਵਿਚ (ਜਾਨਵਰਾਂ ਨੂੰ) ਡਰਾਣ ਲਈ ਬਨਾਉਟੀ ਰਾਖਾ ਖੜਾ ਕੀਤਾ ਹੁੰਦਾ ਹੈ ॥੨॥
8150	190	ਸਗਲ ਸਰੀਰ ਆਵਤ ਸਭ ਕਾਮ॥		Sagal Sareer Aavath Sabh Kaam ||	All bodies are of some use,	(ਹੋਰ ਪਸ਼ੂ ਆਦਿਕਾਂ ਦੇ) ਸਾਰੇ ਸਰੀਰ (ਕਿਸੇ ਨ ਕਿਸੇ) ਕੰਮ ਆ ਜਾਂਦੇ ਹਨ।
8151	190	ਨਿਹਫਲ ਮਾਨੁਖੁ ਜਪੈ ਨਹੀ ਨਾਮ॥੩॥		Nihafal Maanukh Japai Nehee Naam ||3||	But those who do not meditate on the Naam, the Name of the Lord, are totally useless. ||3||	ਜੇ ਮਨੁੱਖ ਪਰਮਾਤਮਾ ਦਾ ਨਾਮ ਨਹੀਂ ਜਪਦਾ, ਤਾਂ ਇਸ ਦਾ ਜਗਤ ਵਿਚ ਆਉਣਾ ਵਿਅਰਥ ਹੀ ਜਾਂਦਾ ਹੈ ॥੩॥

8152	190	ਕਹੁ ਨਾਨਕ ਜਾ ਕਉ ਭਏ ਦਇਆਲਾ॥		Kahu Naanak Jaa Ko Bheae Dhaeiaalaa ||	Says Nanak, those unto whom the Lord becomes Merciful,	ਨਾਨਕ ਆਖਦਾ ਹੈ- ਜਿਨ੍ਹਾਂ ਮਨੁੱਖਾਂ ਉਤੇ ਪਰਮਾਤਮਾ ਦਇਆਵਾਨ ਹੁੰਦਾ ਹੈ,
8153	190	ਸਾਧਸੰਗਿ ਮਿਲਿ ਭਜਹਿ ਗੁੋਪਾਲਾ॥੪॥੫੫॥੧੨੪॥	ਗੁੋਪਾਲਾ: ਹੋੜੇ ਔਂਕੜ ਵਿਚਕਾਰਲੀ ਅਵਾਜ ਬੋਲੋ	Saadhhasang Mil Bhajehi Guopaalaa ||4||55||124||	Join the Saadh Sangat, and meditate on the Lord of the Universe. ||4||55||124||	ਉਹ ਸਾਧ ਸੰਗਤਿ ਵਿਚ (ਸਤ ਸੰਗੀਆਂ ਨਾਲ) ਮਿਲ ਕੇ ਜਗਤ ਦੇ ਪਾਲਣਹਾਰ ਪ੍ਰਭੂ ਦਾ ਭਜਨ ਕਰਦੇ ਹਨ ॥੪॥੫੫॥੧੨੪॥
8154	190	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8155	191	ਕਲਿ ਕਲੇਸ ਗੁਰ ਸਬਦਿ ਨਿਵਾਰੇ॥	(ਨਿਵਾਰੇ) ਮੇਟੇ	Kal Kalaes Gur Sabadh Nivaarae ||	With my feet, I walk on the Path of my Lord and Master. ||1||	(ਸਾਧ ਸੰਗਤਿ ਵਿਚ ਪਹੁੰਚੇ ਹੋਏ ਜਿਨ੍ਹਾਂ ਮਨੁੱਖਾਂ ਦੇ) ਮਾਨਸਕ ਝਗੜੇ ਤੇ ਕਲੇਸ਼ ਗੁਰੂ ਦੇ ਸ਼ਬਦ ਨੇ ਦੂਰ ਕਰ ਦਿੱਤੇ,
8156	191	ਆਵਣ ਜਾਣ ਰਹੇ ਸੁਖ ਸਾਰੇ॥੧॥		Aavan Jaan Rehae Sukh Saarae ||1||	Coming and going ceases, and all comforts are obtained. ||1||	ਉਹਨਾਂ ਦੇ ਜਨਮ ਮਰਨ ਦੇ ਗੇੜ ਮੁੱਕ ਗਏ, ਉਹਨਾਂ ਨੂੰ ਸਾਰੇ ਸੁਖ ਪ੍ਰਾਪਤ ਹੋ ਗਏ ॥੧॥
8157	191	ਭੈ ਬਿਨਸੇ ਨਿਰਭਉ ਹਰਿ ਧਿਆਇਆ॥		Bhai Binasae Nirabho Har Dhhiaaeiaa ||	Fear is dispelled, meditating on the Fearless Lord.	(ਹੇ ਭਾਈ!) ਜਿਨ੍ਹਾਂ ਨੇ ਨਿਰਭਉ ਹਰੀ ਦਾ ਧਿਆਨ (ਆਪਣੇ ਹਿਰਦੇ ਵਿਚ) ਧਰਿਆ ਹੈ, ਉਹਨਾਂ ਦੇ (ਦੁਨੀਆ ਵਾਲੇ ਸਾਰੇ) ਡਰ ਦੂਰ ਹੋ ਗਏ ਹਨ।

8158	191	ਸਾਧਸੰਗਿ ਹਰਿ ਕੇ ਗੁਣ ਗਾਇਆ॥੧॥ਰਹਾਉ ॥		Saadhhasang Har Kae Gun Gaaeiaa ||1|| Rehaao ||	In the Saadh Sangat, the Company of the Holy, I chant the Glorious Praises of the Lord. ||1||Pause||	ਸਾਧ ਸੰਗਤਿ ਵਿਚ (ਜਾ ਕੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਇਆਂ (ਨਿਰਭਉ ਹੋਈਦਾ ਹੈ) ॥੧॥ ਰਹਾਉ ॥
8159	191	ਚਰਨਕਵਲ ਰਿਦ ਅੰਤਰਿ ਧਾਰੇ॥		Charan Kaval Ridh Anthar Dhhaarae ||	I have enshrined the Lotus Feet of the Lord within my heart.	(ਸਾਧ ਸੰਗਤਿ ਦੀ ਬਰਕਤਿ ਨਾਲ ਜਿਨ੍ਹਾਂ ਮਨੁੱਖਾਂ ਨੇ) ਪਰਮਾਤਮਾ ਦੇ ਸੋਹਣੇ ਚਰਨ ਆਪਣੇ ਹਿਰਦੇ ਵਿਚ ਵਸਾ ਲਏ,
8160	191	ਅਗਨਿ ਸਾਗਰ ਗੁਰਿ ਪਾਰਿ ਉਤਾਰੇ॥੨॥		Agan Saagar Gur Paar Outhaarae ||2||	The Guru has carried me across the ocean of fire. ||2||	ਗੁਰੂ ਨੇ ਉਹਨਾਂ ਨੂੰ ਤ੍ਰਿਸ਼ਨਾ-ਅੱਗ ਦੇ ਸਮੁੰਦਰ ਵਿਚੋਂ ਪਾਰ ਲੰਘਾ ਦਿੱਤਾ ॥੨॥
8161	191	ਬੂਡਤ ਜਾਤ ਪੂਰੈ ਗੁਰਿ ਕਾਢੇ॥	(ਬੂਡਤ) ਡੁੱਬਦੇ	Booddath Jaath Poorai Gur Kaadtae ||	I was sinking down, and the Perfect Guru pulled me out.	(ਵਿਕਾਰਾਂ ਦੇ ਸਮੁੰਦਰ ਵਿਚ) ਡੁੱਬ ਰਹੇ ਮਨੁੱਖਾਂ ਨੂੰ ਪੂਰੇ ਗੁਰੂ ਨੇ (ਬਾਹੋਂ ਫੜ ਕੇ ਬਾਹਰ) ਕੱਢ ਲਿਆ (ਜਦੋਂ ਉਹ ਸਾਧ ਸੰਗਤਿ ਵਿਚ ਅੱਪੜ ਗਏ),
8162	191	ਜਨਮ ਜਨਮ ਕੇ ਟੂਟੇ ਗਾਢੇ॥੩॥	(ਗਾਂਢੇ) ਗੰਢੇ	Janam Janam Kae Ttoottae Gaadtae ||3||	I was cut off from the Lord for countless incarnations, and now the Guru united me with Him again. ||3||	ਉਹਨਾਂ ਨੂੰ (ਪਰਮਾਤਮਾ ਨਾਲੋਂ) ਅਨੇਕਾਂ ਜਨਮਾਂ ਦੇ ਟੁੱਟਿਆਂ ਹੋਇਆਂ ਨੂੰ (ਗੁਰੂ ਨੇ ਮੁੜ ਪਰਮਾਤਮਾ ਦੇ ਨਾਲ) ਮਿਲਾ ਦਿੱਤਾ ॥੩॥
8163	191	ਕਹੁ ਨਾਨਕ ਤਿਸੁ ਗੁਰਿ ਬਲਿਹਾਰੀ॥		Kahu Naanak This Gur Balihaaree ||	Says Nanak, I am a sacrifice to the Guru;	ਨਾਨਕ ਆਖਦਾ ਹੈ- ਮੈਂ ਉਸ ਗੁਰੂ ਤੋਂ ਸਦਕੇ ਜਾਂਦਾ ਹਾਂ,

8164	191	ਜਿਸੁ ਭੇਟਤ ਗਤਿ ਭਈ ਹਮਾਰੀ॥੪॥੫੬॥੧੨੫॥		Jis Bhaettath Gath Bhee Hamaaree ||4||56||125||	Meeting Him, I have been saved. ||4||56||125||	ਜਿਸ ਨੂੰ ਮਿਲਿਆਂ ਸਾਡੀ (ਜੀਵਾਂ ਦੀ) ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ ॥੪॥੫੬॥੧੨੫॥
8165	191	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8166	191	ਸਾਧਸੰਗਿ ਤਾ ਕੀ ਸਰਨੀ ਪਰਹੁ॥		Saadhhasang Thaa Kee Saranee Parahu ||	In the Saadh Sangat, the Company of the Holy, seek His Sanctuary.	(ਹੇ ਮੇਰੇ ਵੀਰ!) ਸਾਧ ਸੰਗਤਿ ਵਿਚ ਜਾ ਕੇ ਉਸ ਪਰਮਾਤਮਾ ਦਾ ਆਸਰਾ ਲੈ।
8167	191	ਮਨੁ ਤਨੁ ਅਪਨਾ ਆਗੈ ਧਰਹੁ॥੧॥		Man Than Apanaa Aagai Dharahu ||1||	Place your mind and body in offering before Him. ||1||	ਆਪਣਾ ਮਨ ਆਪਣਾ ਤਨ (ਭਾਵ, ਆਪਣਾ ਹਰੇਕ ਗਿਆਨ-ਇੰਦ੍ਰਾ) ਉਸ ਪਰਮਾਤਮਾ ਦੇ ਹਵਾਲੇ ਕਰ ਦੇਹ ॥੧॥
8168	191	ਅੰਮ੍ਰਿਤ ਨਾਮੁ ਪੀਵਹੁ ਮੇਰੇ ਭਾਈ॥		Anmrith Naam Peevahu Maerae Bhaaee ||	Drink in the Ambrosial Nectar of the Name, O my Siblings of Destiny.	ਹੇ ਮੇਰੇ ਵੀਰ! ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ (ਸੁਆਸ ਸੁਆਸ ਪਰਮਾਤਮਾ ਦਾ ਨਾਮ ਸਿਮਰ।

8169	191	ਸਿਮਰਿ ਸਿਮਰਿ ਸਭ ਤਪਤਿ ਬੁਝਾਈ॥੧॥ਰਹਾਉ॥	ਬੁਝਾਈ: ਪੋਲਾ ਬੋਲੋ	Simar Simar Sabh Thapath Bujhaaee ||1|| Rehaao ||	Meditating, meditating in remembrance on the Lord, the fire of desire is totally quenched. ||1||Pause||	ਜਿਸ ਨੇ ਨਾਮ ਸਿਮਰਿਆ ਹੈ) ਉਸ ਨੇ ਸਿਮਰ ਸਿਮਰ ਕੇ (ਆਪਣੇ ਅੰਦਰੋਂ ਵਿਕਾਰਾਂ ਦੀ) ਸਾਰੀ ਸੜਨ ਬੁਝਾ ਲਈ ਹੈ ॥੧॥ ਰਹਾਉ ॥
8170	191	ਤਜਿ ਅਭਿਮਾਨੁ ਜਨਮ ਮਰਣੁ ਨਿਵਾਰਹੁ॥	(ਨਿਵਾਰਹੁ) ਛੁਟਕਾਰਾ ਪਾਓ	Thaj Abhimaan Janam Maran Nivaarahu ||	Renounce your arrogant pride, and end the cycle of birth and death.	(ਹੇ ਮੇਰੇ ਵੀਰ! ਆਪਣੇ ਅੰਦਰੋਂ) ਅਹੰਕਾਰ ਦੂਰ ਕਰ ਕੇ ਜਨਮ ਮਰਨ ਦਾ ਗੇੜ ਮੁਕਾ ਲੈ।
8171	191	ਹਰਿ ਕੇ ਦਾਸ ਕੇ ਚਰਣ ਨਮਸਕਾਰਹੁ॥੨॥		Har Kae Dhaas Kae Charan Namasakaarahu ||2||	Working for the Lord, His humble servants look beautiful.	ਪਰਮਾਤਮਾ ਦੇ ਸੇਵਕ ਦੇ ਚਰਨਾਂ ਉਤੇ ਆਪਣਾ ਸਿਰ ਰੱਖ ਦੇ ॥੨॥
8172	191	ਸਾਸਿ ਸਾਸਿ ਪ੍ਰਭੁ ਮਨਹਿ ਸਮਾਲੇ॥		Saas Saas Prabh Manehi Samaalae ||	Remember God in your mind, with each and every breath.	(ਹੇ ਮੇਰੇ ਭਾਈ!) ਹਰੇਕ ਸਾਹ ਦੇ ਨਾਲ ਪਰਮਾਤਮਾ ਨੂੰ ਆਪਣੇ ਮਨ ਵਿਚ ਸਾਂਭ ਰੱਖ।
8173	191	ਸੋ ਧਨੁ ਸੰਚਹੁ ਜੋ ਚਾਲੈ ਨਾਲੇ॥੩॥	(ਸੰਚਹੁ) ਇਕੱਠਾ ਕਰੋ	So Dhhan Sanchahu Jo Chaalai Naalae ||3||	Gather only that wealth, which shall go with you. ||3||	ਉਹ (ਨਾਮ-) ਧਨ ਇਕੱਠਾ ਕਰ ਜੇਹੜਾ ਤੇਰੇ ਨਾਲ ਸਾਥ ਕਰੇ ॥੩॥
8174	191	ਤਿਸਹਿ ਪਰਾਪਤਿ ਜਿਸੁ ਮਸਤਕਿ ਭਾਗੁ॥	ਤਿਸ-ਹਿ	Thisehi Paraapath Jis Masathak Bhaag ||	He alone obtains it, upon whose forehead such destiny is written.	(ਪਰ ਇਹ ਨਾਮ-ਧਨ ਇਕੱਠਾ ਕਰਨਾ ਜੀਵਾਂ ਦੇ ਵੱਸ ਦੀ ਗੱਲ ਨਹੀਂ। ਇਹ ਨਾਮ-ਧਨ) ਉਸ ਮਨੁੱਖ ਨੂੰ ਹੀ ਮਿਲਦਾ ਹੈ, ਜਿਸ ਦੇ ਮੱਥੇ ਉਤੇ ਭਾਗ ਜਾਗੇ।

8175	191	ਕਹੁ ਨਾਨਕ ਤਾ ਕੀ ਚਰਣੀ ਲਾਗੁ॥੪॥੫੭॥੧੨੬॥		Kahu Naanak Thaa Kee Charanee Laag ||4||57||126||	Says Nanak, fall at the Feet of that Lord. ||4||57||126||	ਨਾਨਕ ਆਖਦਾ ਹੈ- (ਹੇ ਮੇਰੇ ਭਾਈ!) ਤੂੰ ਉਸ ਮਨੁੱਖ ਦੀ ਚਰਨੀਂ ਲੱਗ (ਜਿਸ ਨੂੰ ਨਾਮ-ਧਨ ਮਿਲਿਆ ਹੈ) ॥੪॥੫੭॥੧੨੬॥
8176	191	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8177	191	ਸੂਕੇ ਹਰੇ ਕੀਏ ਖਿਨ ਮਾਹੇ॥		Sookae Harae Keeeae Khin Maahae ||	The dried branches are made green again in an instant.	ਗੁਰੂ ਇਕ ਖਿਨ ਵਿਚ ਆਤਮਕ ਜੀਵਨ ਦੇ ਰਸ ਤੋਂ ਸੁੰਞੇ ਹੋ ਚੁੱਕੇ ਮਨੁੱਖਾਂ ਨੂੰ ਹਰੇ (ਭਾਵ, ਆਤਮਕ ਜੀਵਨ ਵਾਲੇ) ਬਣਾ ਦੇਂਦਾ ਹੈ।
8178	191	ਅੰਮ੍ਰਿਤ ਦ੍ਰਿਸਟਿ ਸੰਚਿ ਜੀਵਾਏ॥੧॥	(ਸੰਚਿ) ਸਿੰਜ ਕੇ	Anmrith Dhrisatt Sanch Jeevaaeae ||1||	His Ambrosial Glance irrigates and revives them. ||1||	ਗੁਰੂ ਨਾਮ-ਜਲ ਸਿੰਜ ਕੇ ਉਨ੍ਹਾਂ ਨੂੰ ਆਤਮਕ ਜੀਵਨ ਦੇਣ ਵਾਲੀ ਨਿਗਾਹ ਕਰ ਕੇ ਆਤਮਕ ਜੀਵਨ ਬਖ਼ਸ਼ਦਾ ਹੈ ॥੧॥
8179	191	ਕਾਟੇ ਕਸਟ ਪੂਰੇ ਗੁਰਦੇਵ॥	(ਕਸਟ) ਦੁੱਖ	Kaattae Kasatt Poorae Guradhaev ||	The Perfect Divine Guru has removed my sorrow.	ਪੂਰੇ ਗੁਰੂ ਨੇ ਉਸ ਦੇ ਸਾਰੇ ਕਸ਼ਟ ਕੱਟ ਦਿੱਤੇ,
8180	191	ਸੇਵਕ ਕਉ ਦੀਨੀ ਅਪੁਨੀ ਸੇਵ॥੧॥ਰਹਾਉ॥		Saevak Ko Dheenee Apunee Saev ||1|| Rehaao ||	He blesses His servant with His service. ||1||Pause||	ਜਿਸ ਸੇਵਕ ਨੂੰ (ਪਰਮਾਤਮਾ ਨੇ) ਆਪਣੀ ਸੇਵਾ-ਭਗਤੀ (ਦੀ ਦਾਤਿ) ਦਿੱਤੀ ॥੧॥ ਰਹਾਉ ॥

8181	191	ਮਿਟਿ ਗਈ ਚਿੰਤ ਪੁਨੀ ਮਨ ਆਸਾ॥	(:ਪੋਲਾ ਬੋਲੋ ਪੁਨੀ) ਪੂਰੀ ਹੋਈ	Mitt Gee Chinth Punee Man Aasaa ||	Anxiety is removed, and the desires of the mind are fulfilled,	ਉਸ ਦੀ (ਹਰੇਕ ਕਿਸਮ ਦੀ) ਚਿੰਤਾ ਮਿਟ ਗਈ, ਉਸ ਦੇ ਮਨ ਦੀ (ਹਰੇਕ) ਆਸ ਪੂਰੀ ਹੋ ਗਈ,
8182	191	ਕਰੀ ਦਇਆ ਸਤਿਗੁਰਿ ਗੁਣਤਾਸਾ॥੨॥		Karee Dhaeiaa Sathigur Gunathaasaa ||2||	When the True Guru, the Treasure of Excellence, shows His Kindness. ||2||	ਗੁਣਾਂ ਦੇ ਖ਼ਜ਼ਾਨੇ ਸਤਿਗੁਰੂ ਨੇ ਜਿਸ ਮਨੁੱਖ ਉਤੇ ਮਿਹਰ ਕੀਤੀ ॥੨॥
8183	191	ਦੁਖ ਨਾਠੇ ਸੁਖ ਆਇ ਸਮਾਏ॥		Dhukh Naathae Sukh Aae Samaaeae ||	Pain is driven far away, and peace comes in its place;	ਉਸ ਦੇ ਸਾਰੇ ਦੁੱਖ ਦੂਰ ਹੋ ਗਏ, ਉਸ ਦੇ ਅੰਦਰ (ਸਾਰੇ) ਸੁਖ ਆ ਕੇ ਟਿਕ ਗਏ।
8184	191	ਢੀਲ ਨ ਪਰੀ ਜਾ ਗੁਰਿ ਫੁਰਮਾਏ॥੩॥	(ਢੀਲ) ਦੇਰੀ	Dteel N Paree Jaa Gur Furamaaeae ||3||	There is no delay, when the Guru gives the Order. ||3||	ਜਦੋਂ ਗੁਰੂ ਨੇ ਜਿਸ ਮਨੁੱਖ ਉਤੇ ਬਖ਼ਸ਼ਸ਼ ਹੋਣ ਦਾ ਹੁਕਮ ਕੀਤਾ, ਰਤਾ ਭੀ ਢਿੱਲ ਨਾਹ ਹੋਈ ॥੩॥
8185	191	ਇਛ ਪੁਨੀ ਪੂਰੇ ਗੁਰ ਮਿਲੇ॥		Eishh Punee Poorae Gur Milae ||	Desires are fulfilled, when one meets the True Guru;	ਜੇਹੜੇ ਮਨੁੱਖ ਪੂਰੇ ਗੁਰੂ ਨੂੰ ਮਿਲ ਪਏ, ਉਹਨਾਂ ਦੀ (ਹਰੇਕ ਕਿਸਮ ਦੀ) ਇੱਛਾ ਪੂਰੀ ਹੋ ਗਈ,
8186	191	ਨਾਨਕ ਤੇ ਜਨ ਸੁਫਲ ਫਲੇ॥੪॥੫੮॥੧੨੭॥	ਵਾਹਿਗੁਰੂ ਜੀ ਦੀ ਪ੍ਰਾਪਤੀ ਰੂਪੀ (ਸੁਫਲ) (ਸੁ+ਫਲ) (ਸੁ) ਸ੍ਰੇਸ਼ਟ ਫਲ ਸਹਿਤ (ਫਲੇ) ਫਲਦੇ ਹਨ	Naanak Thae Jan Sufal Falae ||4||58||127||	O Nanak, His humble servant is fruitful and prosperous. ||4||58||127||	ਹੇ ਨਾਨਕ! ਉਹਨਾਂ ਨੂੰ ਉੱਚੇ ਆਤਮਕ ਗੁਣਾਂ ਦੇ ਸੋਹਣੇ ਫਲ ਲੱਗ ਪਏ ॥੪॥੫੮॥੧੨੭॥
8187	191	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

8188	191	ਤਾਪ ਗਏ ਪਾਈ ਪ੍ਰਭਿ ਸਾਂਤਿ॥		Thaap Geae Paaee Prabh Saanth ||	The fever has departed; God has showered us with peace and tranquility.	ਜਿਨ੍ਹਾਂ ਨੂੰ ਪਰਮਾਤਮਾ ਆਪਣੇ ਨਾਮ ਦੀ ਦਾਤ ਦੇਂਦਾ ਹੈ ਉਹ ਠੰਡੇ ਜਿਗਰੇ ਵਾਲੇ ਬਣ ਜਾਂਦੇ ਹਨ।
8189	191	ਸੀਤਲ ਭਏ ਕੀਨੀ ਪ੍ਰਭ ਦਾਤਿ॥੧॥		Seethal Bheae Keenee Prabh Dhaath ||1||	A cooling peace prevails; God has granted this gift. ||1||	ਪਰਮਾਤਮਾ ਨੇ ਉਹਨਾਂ ਦੇ ਅੰਦਰ ਐਸੀ ਆਤਮਕ ਠੰਢ ਵਰਤਾ ਦਿੱਤੀ ਹੁੰਦੀ ਹੈ ਕਿ ਉਹਨਾਂ ਦੇ ਸਾਰੇ ਤਾਪ-ਕਲੇਸ਼ ਦੂਰ ਹੋ ਜਾਂਦੇ ਹਨ ॥੧॥
8190	191	ਪ੍ਰਭ ਕਿਰਪਾ ਤੇ ਭਏ ਸੁਹੇਲੇ॥	(ਸੁਹੇਲੇ) ਸੁਖੀ	Prabh Kirapaa Thae Bheae Suhaelae ||	Your face shall be radiant in the Court of the Lord. ||1||Pause||	(ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਆਪਣੇ ਨਾਮ ਦੀ ਦਾਤ ਦੇਂਦਾ ਹੈ ਉਹ ਮਨੁੱਖ) ਪਰਮਾਤਮਾ ਦੀ ਕਿਰਪਾ ਨਾਲ ਸੌਖੇ (ਜੀਵਨ ਵਾਲੇ) ਹੋ ਜਾਂਦੇ ਹਨ,
8191	191	ਜਨਮ ਜਨਮ ਕੇ ਬਿਛੁਰੇ ਮੇਲੇ॥੧॥ਰਹਾਉ॥		Janam Janam Kae Bishhurae Maelae ||1|| Rehaao ||	Separated from Him for countless incarnations, we are now reunited with Him. ||1||Pause||	ਉਹਨਾਂ ਨੂੰ ਅਨੇਕਾਂ ਜਨਮਾਂ ਦੇ ਵਿੱਛੁੜਿਆਂ ਨੂੰ ਪਰਮਾਤਮਾ (ਆਪਣੇ ਨਾਲ) ਮਿਲਾ ਲੈਂਦਾ ਹੈ ॥੧॥ ਰਹਾਉ ॥
8192	191	ਸਿਮਰਤ ਸਿਮਰਤ ਪ੍ਰਭ ਕਾ ਨਾਉ॥		Simarath Simarath Prabh Kaa Naao ||	Your pains, enemies and bad luck shall be destroyed. ||2||	(ਜਿਨ੍ਹਾਂ ਨੂੰ ਪਰਮਾਤਮਾ ਆਪਣੇ ਨਾਮ ਦੀ ਦਾਤ ਦੇਂਦਾ ਹੈ) ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ (ਉਹਨਾਂ ਦੇ ਅੰਦਰੋਂ)
8193	191	ਸਗਲ ਰੋਗ ਕਾ ਬਿਨਸਿਆ ਥਾਉ॥੨॥	(ਬਿਨਸਿਆ) ਨਾਸ	Sagal Rog Kaa Binasiaa Thhaao ||2||	The dwelling of all disease is destroyed. ||2||	ਸਾਰੇ ਰੋਗਾਂ ਦਾ ਨਿਸ਼ਾਨ ਹੀ ਮਿਟ ਜਾਂਦਾ ਹੈ ॥੨॥

8194	191	ਸਹਜਿ ਸੁਭਾਇ ਬੋਲੈ ਹਰਿ ਬਾਣੀ॥		Sehaj Subhaae Bolai Har Baanee ||	O Siblings of Destiny, all beings shall be kind to you. ||3||	(ਜਿਸ ਮਨੁੱਖ ਨੂੰ ਪਰਮਾਤਮਾ ਨਾਮ ਦੀ ਦਾਤ ਦੇਂਦਾ ਹੈ ਉਹ) ਆਤਮਕ ਅਡੋਲਤਾ ਵਿਚ ਟਿਕ ਕੇ ਪ੍ਰੇਮ-ਪਿਆਰ ਵਿਚ ਲੀਨ ਹੋ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਉਚਾਰਦਾ ਰਹਿੰਦਾ ਹੈ।
8195	191	ਆਠ ਪਹਰ ਪ੍ਰਭ ਸਮਰਹੁ ਪ੍ਰਾਣੀ॥੩॥		Aath Pehar Prabh Simarahu Praanee ||3||	Twenty-four hours a day, O mortal, meditate on God. ||3||	ਹੇ ਪ੍ਰਾਣੀ! (ਤੂੰ ਭੀ ਉਸ ਦੇ ਦਰ ਤੋਂ ਨਾਮ ਦੀ ਦਾਤ ਮੰਗ, ਤੇ) ਅੱਠੇ ਪਹਰ ਪ੍ਰਭੂ ਦਾ ਨਾਮ ਸਿਮਰਦਾ ਰਹੁ ॥੩॥
8196	191	ਦੂਖੁ ਦਰਦੁ ਜਮੁ ਨੇੜਿ ਨ ਆਵੈ॥		Dhookh Dharadh Jam Naerr N Aavai ||	Pain, suffering and the Messenger of Death do not even approach that one,	ਕੋਈ ਦੁੱਖ-ਦਰਦ ਉਸ ਦੇ ਨੇੜੇ ਨਹੀਂ ਆਉਂਦਾ, ਉਸ ਨੂੰ ਮੌਤ ਦਾ ਡਰ ਨਹੀਂ ਪੋਂਹਦਾ (ਆਤਮਕ ਮੌਤ ਦਾ ਉਸ ਨੂੰ ਖ਼ਤਰਾ ਨਹੀਂ ਰਹਿ ਜਾਂਦਾ),
8197	191	ਕਹੁ ਨਾਨਕ ਜੋ ਹਰਿ ਗੁਨ ਗਾਵੈ॥੪॥੫੯॥੧੨੮॥		Kahu Naanak Jo Har Gun Gaavai ||4||59||128||	Says Nanak, who sings the Glorious Praises of the Lord. ||4||59||128||	ਨਾਨਕ ਆਖਦਾ ਹੈ- (ਪਰਮਾਤਮਾ ਦੀ ਮਿਹਰ ਨਾਲ) ਜੇਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੪॥੫੯॥੧੨੮॥
8198	191	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8199	191	ਭਲੇ ਦਿਨਸ ਭਲੇ ਸੰਜੋਗੁ॥	(ਸੰਜੋਗੁ) ਮਿਲਾਪ	Bhalae Dhinas Bhalae Sanjog ||	Auspicious is the day, and auspicious is the chance,	(ਹੇ ਭਾਈ!) ਉਹ ਦਿਨ ਸੁਹਾਵਣੇ ਹੁੰਦੇ ਹਨ ਉਹ ਮਿਲਾਪ ਦੇ ਅਵਸਰ ਸੁਖਦਾਈ ਹੁੰਦੇ ਹਨ,

8200	191	ਜਿਤੁ ਭੇਟੇ ਪਾਰਬ੍ਰਹਮ ਨਿਰਜੋਗ॥੧॥	(ਨਿਰਜੋਗ) ਨਿਰਲੇਪ	Jith Bhaettae Paarabreham Nirajog ||1||	Which brought me to the Supreme Lord God, the Unjoined, Unlimited One. ||1||	ਜਦੋਂ (ਮਾਇਆ ਤੋਂ) ਨਿਰਲੇਪ ਪ੍ਰਭੂ ਜੀ ਮਿਲ ਪੈਂਦੇ ਹਨ ॥੧॥
8201	191	ਓਹ ਬੇਲਾ ਕਉ ਹਉ ਬਲਿ ਜਾਉ॥	ਬੇਲਾ: ਪੋਲਾ ਬੋਲੋ	Ouh Baelaa Ko Ho Bal Jaao ||	I am a sacrifice to that time,	(ਹੇ ਭਾਈ!) ਮੈਂ ਉਸ ਵੇਲੇ ਤੋਂ ਕੁਰਬਾਨ ਜਾਂਦਾ ਹਾਂ,
8202	191	ਜਿਤੁ ਮੇਰਾ ਮਨੁ ਜਪੈ ਹਰਿ ਨਾਉ॥੧॥ਰਹਾਉ॥		Jith Maeraa Man Japai Har Naao ||1|| Rehaao ||	When my mind chants the Name of the Lord. ||1||Pause||	ਜਿਸ ਵੇਲੇ ਮੇਰਾ ਮਨ ਪਰਮਾਤਮਾ ਦਾ ਨਾਮ ਜਪਦਾ ਹੈ ॥੧॥ ਰਹਾਉ ॥
8203	191	ਸਫਲ ਮੂਰਤੁ ਸਫਲ ਓਹ ਘਰੀ॥		Safal Moorath Safal Ouh Gharee ||	Blessed is that moment, and blessed is that time,	(ਹੇ ਭਾਈ!) ਮਨੁੱਖ ਵਾਸਤੇ ਉਹ ਮੁਹੂਰਤ ਭਾਗਾਂ ਵਾਲਾ ਹੁੰਦਾ ਹੈ ਉਹ ਘੜੀ ਸੁਲੱਖਣੀ ਹੁੰਦੀ ਹੈ,
8204	191	ਜਿਤੁ ਰਸਨਾ ਉਚਰੈ ਹਰਿ ਹਰੀ॥੨॥		Jith Rasanaa Oucharai Har Haree ||2||	When my tongue chants the Name of the Lord, Har, Haree. ||2||	ਜਦੋਂ ਉਸ ਦੀ ਜੀਭ ਪਰਮਾਤਮਾ ਦਾ ਨਾਮ ਉਚਾਰਦੀ ਹੈ ॥੨॥
8205	191	ਸਫਲੁ ਓਹੁ ਮਾਥਾ ਸੰਤ ਨਮਸਕਾਰਸਿ॥		Safal Ouhu Maathhaa Santh Namasakaaras ||	Blessed is that forehead, which bows in humility to the Saints.	(ਹੇ ਭਾਈ!) ਉਹ ਮੱਥਾ ਭਾਗਾਂ ਵਾਲਾ ਹੈ ਜੇਹੜਾ ਗੁਰੂ-ਸੰਤ ਦੇ ਚਰਨਾਂ ਉਤੇ ਨਿਉਂਦਾ ਹੈ।
8206	191	ਚਰਣ ਪੁਨੀਤ ਚਲਹਿ ਹਰਿ ਮਾਰਗਿ॥੩॥	(ਪੁਨੀਤ) ਪਵਿੱਤ੍ਰ ਤੋਂ ਪਵਿੱਤ੍ਰ। ਚੱਲਹਿ	Charan Puneeth Chalehi Har Maarag ||3||	Says Nanak, those unto whom the Lord becomes Merciful,	ਉਹ ਪੈਰ ਪਵਿਤ੍ਰ ਹੋ ਜਾਂਦੇ ਹਨ ਜੇਹੜੇ ਪਰਮਾਤਮਾ (ਦੇ ਮਿਲਾਪ) ਦੇ ਰਸਤੇ ਉਤੇ ਤੁਰਦੇ ਹਨ ॥੩॥

8207	191	ਕਹੁ ਨਾਨਕ ਭਲਾ ਮੇਰਾ ਕਰਮ॥		Kahu Naanak Bhalaa Maeraa Karam ||	Says Nanak, auspicious is my karma,	ਨਾਨਕ ਆਖਦਾ ਹੈ- ਮੇਰੇ ਵੱਡੇ ਭਾਗ (ਜਾਗ ਪੈਂਦੇ ਹਨ)
8208	191	ਜਿਤੁ ਭੇਟੇ ਸਾਧੂ ਕੇ ਚਰਨ॥੪॥੬੦॥੧੨੯॥		Jith Bhaettae Saadhhoo Kae Charan ||4||60||129||	Which has led me to touch the Feet of the Holy. ||4||60||129||	ਜਦੋਂ ਮੈਂ ਗੁਰੂ ਦੇ ਚਰਨ ਪਰਸਦਾ ਹਾਂ ॥੪॥੬੦॥੧੨੮॥
8209	192	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8210	192	ਗੁਰ ਕਾ ਸਬਦੁ ਰਾਖੁ ਮਨ ਮਾਹਿ॥		Gur Kaa Sabadh Raakh Man Maahi ||	Coming and going ceases, and all comforts are obtained. ||1||	(ਹੇ ਭਾਈ! ਜੇ ਉਸ ਭਗਵਾਨ ਦਾ ਆਸਰਾ ਮਨ ਵਿਚ ਪੱਕਾ ਕਰਨਾ ਹੈ, ਤਾਂ) ਗੁਰੂ ਦਾ ਸ਼ਬਦ (ਆਪਣੇ) ਮਨ ਵਿਚ ਟਿਕਾਈ ਰੱਖ।
8211	192	ਨਾਮੁ ਸਿਮਰਿ ਚਿੰਤਾ ਸਭ ਜਾਹਿ॥੧॥		Naam Simar Chinthaa Sabh Jaahi ||1||	Meditating in remembrance on the Naam, the Name of the Lord, all anxiety is removed. ||1||	(ਗੁਰ-ਸ਼ਬਦ ਦੀ ਸਹਾਇਤਾ ਨਾਲ ਭਗਵਾਨ ਦਾ) ਨਾਮ ਸਿਮਰ, ਤੇਰੇ ਸਾਰੇ ਚਿੰਤਾ-ਫ਼ਿਕਰ ਦੂਰ ਹੋ ਜਾਣਗੇ ॥੧॥
8212	192	ਬਿਨੁ ਭਗਵੰਤ ਨਾਹੀ ਅਨ ਕੋਇ॥		Bin Bhagavanth Naahee An Koe ||	Without the Lord God, there is no one else at all.	(ਹੇ ਭਾਈ!) ਭਗਵਾਨ ਤੋਂ ਬਿਨਾ (ਜੀਵਾਂ ਦਾ) ਹੋਰ ਕੋਈ ਆਸਰਾ ਨਹੀਂ ਹੈ।
8213	192	ਮਾਰੈ ਰਾਖੈ ਏਕੋ ਸੋਇ॥੧॥ਰਹਾਉ॥		Maarai Raakhai Eaeko Soe ||1|| Rehaao ||	He alone preserves and destroys. ||1||Pause||	ਉਹ ਭਗਵਾਨ ਹੀ (ਜੀਵਾਂ ਨੂੰ) ਮਾਰਦਾ ਹੈ, ਉਹ ਭਗਵਾਨ ਹੀ (ਜੀਵਾਂ ਨੂੰ) ਪਾਲਦਾ ਹੈ ॥੧॥ ਰਹਾਉ ॥

8214	192	ਗੁਰ ਕੇ ਚਰਣ ਰਿਦੈ ਉਰਿ ਧਾਰਿ॥		Gur Kae Charan Ridhai Our Dhhaar ||	The Guru has carried me across the ocean of fire. ||2||	(ਹੇ ਭਾਈ! ਜੇ ਭਗਵਾਨ ਦਾ ਆਸਰਾ ਲੈਣਾ ਹੈ, ਤਾਂ) ਆਪਣੇ ਹਿਰਦੇ ਵਿਚ ਦਿਲ ਵਿਚ ਗੁਰੂ ਦੇ ਚਰਨ ਵਸਾ (ਭਾਵ, ਨਿਮਤ੍ਰਾ ਨਾਲ ਗੁਰੂ ਦੀ ਸਰਨ ਪਉ)।
8215	192	ਅਗਨਿ ਸਾਗਰੁ ਜਪਿ ਉਤਰਹਿ ਪਾਰਿ॥੨॥	ਉੱਤਰ-ਹਿ	Agan Saagar Jap Outharehi Paar ||2||	Meditate on Him and cross over the ocean of fire. ||2||	(ਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ ਪਰਮਾਤਮਾ ਦਾ ਨਾਮ) ਜਪ ਕੇ ਤੂੰ (ਤ੍ਰਿਸ਼ਨਾ ਦੀ) ਅੱਗ ਦੇ ਸਮੁੰਦਰ ਤੋਂ ਪਾਰ ਲੰਘ ਜਾਏਂਗਾ ॥੨॥
8216	192	ਗੁਰ ਮੂਰਤਿ ਸਿਉ ਲਾਇ ਧਿਆਨੁ॥		Gur Moorath Sio Laae Dhhiaan ||	I was cut off from the Lord for countless incarnations, and now the Guru united me with Him again. ||3||	(ਹੇ ਭਾਈ! ਗੁਰੂ ਦਾ ਸ਼ਬਦ ਹੀ ਗੁਰੂ ਦੀ ਮੂਰਤਿ ਹੈ, ਗੁਰੂ ਦਾ ਸਰੂਪ ਹੈ) ਗੁਰੂ ਦੇ ਸ਼ਬਦ ਨਾਲ ਆਪਣੀ ਸੁਰਤ ਜੋੜ,
8217	192	ਈਹਾ ਊਹਾ ਪਾਵਹਿ ਮਾਨੁ॥੩॥		Eehaa Oohaa Paavehi Maan ||3||	Here and hereafter, you shall be honored. ||3||	ਤੂੰ ਇਸ ਲੋਕ ਵਿਚ ਤੇ ਪਰਲੋਕ ਵਿਚ ਆਦਰ ਹਾਸਲ ਕਰੇਂਗਾ ॥੩॥
8218	192	ਸਗਲ ਤਿਆਗਿ ਗੁਰ ਸਰਣੀ ਆਇਆ॥		Sagal Thiaag Gur Saranee Aaeiaa ||	Meeting Him, I have been saved. ||4||56||125||	ਹੇ ਨਾਨਕ! ਜੇਹੜਾ ਮਨੁੱਖ ਹੋਰ ਸਾਰੇ ਆਸਰੇ ਛੱਡ ਕੇ ਗੁਰੂ ਦੀ ਸਰਨ ਆਉਂਦਾ ਹੈ,

8219	192	ਮਿਟੇ ਅੰਦੇਸੇ ਨਾਨਕ ਸੁਖੁ ਪਾਇਆ॥੪॥੬੧॥੧੩੦॥		Mittae Andhaesae Naanak Sukh Paaeiaa ||4||61||130||	My anxieties are over - O Nanak, I have found peace. ||4||61||130||	ਉਸ ਦੇ ਸਾਰੇ ਚਿੰਤਾ-ਫ਼ਿਕਰ ਮੁੱਕ ਜਾਂਦੇ ਹਨ, ਉਹ ਆਤਮਕ ਆਨੰਦ ਮਾਣਦਾ ਹੈ ॥੪॥੬੧॥੧੩੦॥
8220	192	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8221	192	ਜਿਸੁ ਸਿਮਰਤ ਦੂਖੁ ਸਭੁ ਜਾਇ॥		Jis Simarath Dhookh Sabh Jaae ||	Remembering Him in meditation, all pains are gone.	(ਹੇ ਭਾਈ! ਉਸ ਗੋਬਿੰਦ ਦੀ ਬਾਣੀ ਜਪ) ਜਿਸ ਦਾ ਸਿਮਰਨ ਕੀਤਿਆਂ ਹਰੇਕ ਕਿਸਮ ਦਾ ਦੁੱਖ ਦੂਰ ਹੋ ਜਾਂਦਾ ਹੈ,
8222	192	ਨਾਮੁ ਰਤਨੁ ਵਸੈ ਮਨਿ ਆਇ॥੧॥	ਵਸੈ: ਪੋਲਾ ਬੋਲੋ	Naam Rathan Vasai Man Aae ||1||	The jewel of the Naam, the Name of the Lord, comes to dwell in the mind. ||1||	(ਤੇ ਬਾਣੀ ਦੀ ਬਰਕਤਿ ਨਾਲ) ਪਰਮਾਤਮਾ ਦਾ ਅਮੋਲਕ ਨਾਮ ਮਨ ਵਿਚ ਆ ਵੱਸਦਾ ਹੈ ॥੧॥
8223	192	ਜਪਿ ਮਨ ਮੇਰੇ ਗੋਵਿੰਦ ਕੀ ਬਾਣੀ॥		Jap Man Maerae Govindh Kee Baanee ||	O my mind, chant the Bani, the Hymns of the Lord of the Universe.	ਹੇ ਮੇਰੇ ਮਨ! ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਦਾ ਉੱਚਾਰਨ ਕਰ।
8224	192	ਸਾਧੂ ਜਨ ਰਾਮੁ ਰਸਨ ਵਖਾਣੀ॥੧॥ਰਹਾਉ॥		Saadhhoo Jan Raam Rasan Vakhaanee ||1|| Rehaao ||	Renounce your arrogant pride, and end the cycle of birth and death.	(ਇਸ ਬਾਣੀ ਦੀ ਰਾਹੀਂ ਹੀ) ਸੰਤ ਜਨ ਆਪਣੀ ਜੀਭ ਨਾਲ ਪਰਮਾਤਮਾ ਦੇ ਗੁਣ ਗਾਂਦੇ ਹਨ ॥੧॥ ਰਹਾਉ ॥

8225	192	ਇਕਸੁ ਬਿਨੁ ਨਾਹੀ ਦੂਜਾ ਕੋਇ॥		Eikas Bin Naahee Dhoojaa Koe ||	Without the One Lord, there is no other at all.	(ਹੇ ਭਾਈ!) ਜਿਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ, (ਉਸ ਗੋਬਿੰਦ ਦੀ ਸਿਫ਼ਤ-ਸਾਲਾਹ ਕਰਦਾ ਰਹੁ),
8226	192	ਜਾ ਕੀ ਦ੍ਰਿਸਟਿ ਸਦਾ ਸੁਖੁ ਹੋਇ॥੨॥		Jaa Kee Dhrisatt Sadhaa Sukh Hoe ||2||	By His Glance of Grace, eternal peace is obtained. ||2||	ਜਿਸ ਦੀ ਮਿਹਰ ਦੀ ਨਿਗਾਹ ਨਾਲ ਸਦਾ ਆਤਮਕ ਆਨੰਦ ਮਿਲਦਾ ਹੈ ॥੨॥
8227	192	ਸਾਜਨੁ ਮੀਤੁ ਸਖਾ ਕਰਿ ਏਕੁ॥		Saajan Meeth Sakhaa Kar Eaek ||	Make the One Lord your friend, intimate and companion.	(ਹੇ ਭਾਈ! ਉਸ) ਇੱਕ ਗੋਬਿੰਦ ਨੂੰ ਆਪਣਾ ਸੱਜਣ ਮਿੱਤਰ ਸਾਥੀ ਬਣਾ,
8228	192	ਹਰਿ ਹਰਿ ਅਖਰ ਮਨ ਮਹਿ ਲੇਖੁ॥੩॥	(ਅੱਖਰ) ਉਪਦੇਸ਼	Har Har Akhar Man Mehi Laekh ||3||	Write in your mind the Word of the Lord, Har, Har. ||3||	ਤੇ ਉਸ ਹਰੀ ਦੀ ਸਿਫ਼ਤ-ਸਾਲਾਹ ਦੇ ਅੱਖਰ (ਸੰਸਕਾਰ) ਆਪਣੇ ਮਨ ਵਿਚ ਉੱਕਰ ਲੈ ॥੩॥
8229	192	ਰਵਿ ਰਹਿਆ ਸਰਬਤ ਸੁਆਮੀ॥	ਸਰਬੱਤ	Rav Rehiaa Sarabath Suaamee ||	The Lord Master is totally pervading everywhere.	(ਹੇ ਭਾਈ! ਸਾਰੇ ਜਗਤ ਦਾ ਉਹ) ਮਾਲਕ ਹਰ ਥਾਂ ਵਿਆਪਕ ਹੈ,
8230	192	ਗੁਣ ਗਾਵੈ ਨਾਨਕੁ ਅੰਤਰਜਾਮੀ॥੪॥੬੨॥੧੩੧॥		Gun Gaavai Naanak Antharajaamee ||4||62||131||	Nanak sings the Praises of the Inner-knower, the Searcher of hearts. ||4||62||131||	ਤੇ ਹਰੇਕ ਦੇ ਦਿਲ ਦੀ ਜਾਣਦਾ ਹੈ, ਨਾਨਕ (ਭੀ) ਉਸ ਅੰਤਰਜਾਮੀ ਸੁਆਮੀ ਦੇ ਗੁਣ ਗਾਂਦਾ ਹੈ ॥੪॥੬੨॥੧੩੧॥
8231	192	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

8232	192	ਭੈ ਮਹਿ ਰਚਿਓ ਸਭੁ ਸੰਸਾਰਾ॥		Bhai Mehi Rachiou Sabh Sansaaraa ||	The whole world is engrossed in fear.	(ਹੇ ਭਾਈ!) ਸਾਰਾ ਸੰਸਾਰ (ਕਿਸੇ ਨ ਕਿਸੇ) ਡਰ-ਸਹਮ ਦੇ ਹੇਠ ਦਬਿਆ ਰਹਿੰਦਾ ਹੈ।
8233	192	ਤਿਸੁ ਭਉ ਨਾਹੀ ਜਿਸੁ ਨਾਮੁ ਅਧਾਰਾ॥੧॥		This Bho Naahee Jis Naam Adhhaaraa ||1||	Those who have the Naam, the Name of the Lord, as their Support, feel no fear. ||1||	ਸਿਰਫ਼ ਉਸ ਮਨੁੱਖ ਉਤੇ (ਕੋਈ) ਡਰ ਆਪਣਾ ਜ਼ੋਰ ਨਹੀਂ ਪਾ ਸਕਦਾ ਜਿਸ ਨੂੰ (ਪਰਮਾਤਮਾ ਦਾ) ਨਾਮ (ਜੀਵਨ ਵਾਸਤੇ) ਸਹਾਰਾ ਮਿਲਿਆ ਹੋਇਆ ਹੈ ॥੧॥
8234	192	ਭਉ ਨ ਵਿਆਪੈ ਤੇਰੀ ਸਰਣਾ॥		Bho N Viaapai Thaeree Saranaa ||	Fear does not affect those who take to Your Sanctuary.	ਹੇ ਪ੍ਰਭੂ! ਤੇਰੀ ਸਰਣ ਪਿਆਂ (ਤੇਰਾ ਪੱਲਾ ਫੜਿਆਂ) ਕੋਈ ਡਰ ਆਪਣਾ ਜ਼ੋਰ ਨਹੀਂ ਪਾ ਸਕਦਾ।
8235	192	ਜੋ ਤੁਧੁ ਭਾਵੈ ਸੋਈ ਕਰਣਾ॥੧॥ਰਹਾਉ॥		Jo Thudhh Bhaavai Soee Karanaa ||1|| Rehaao ||	You do whatever You please. ||1||Pause||	(ਕਿਉਂਕਿ ਫਿਰ ਇਹ ਨਿਸ਼ਚਾ ਬਣ ਜਾਂਦਾ ਹੈ ਕਿ) ਉਹੀ ਕੰਮ ਕੀਤਾ ਜਾ ਸਕਦਾ ਹੈ ਜੋ (ਹੇ ਪ੍ਰਭੂ!) ਤੈਨੂੰ ਚੰਗਾ ਲੱਗਦਾ ਹੈ ॥੧॥ ਰਹਾਉ ॥
8236	192	ਸੋਗ ਹਰਖ ਮਹਿ ਆਵਣ ਜਾਣਾ॥		Sog Harakh Mehi Aavan Jaanaa ||	In pleasure and in pain, the world is coming and going in reincarnation.	ਦੁੱਖ ਮੰਨਣ ਵਿਚ ਜਾਂ ਖ਼ੁਸ਼ੀ ਮਨਾਣ ਵਿਚ (ਸੰਸਾਰੀ ਜੀਵ ਵਾਸਤੇ ਡਰ-ਸਹਮ ਦਾ) ਆਉਣਾ ਜਾਣਾ ਬਣਿਆ ਰਹਿੰਦਾ ਹੈ।

8237	192	ਤਿਨਿ ਸੁਖੁ ਪਾਇਆ ਜੋ ਪ੍ਰਭ ਭਾਣਾ॥੨॥		Thin Sukh Paaeiaa Jo Prabh Bhaanaa ||2||	Those who are pleasing to God, find peace. ||2||	ਸਿਰਫ਼ ਉਸ ਮਨੁੱਖ ਨੇ (ਟਿਕਵਾਂ) ਆਤਮਕ ਆਨੰਦ ਪ੍ਰਾਪਤ ਕੀਤਾ ਹੈ ਜੇਹੜਾ ਪ੍ਰਭੂ ਨੂੰ ਪਿਆਰਾ ਲੱਗਦਾ ਹੈ (ਜੋ ਪ੍ਰਭੂ ਦੀ ਰਜ਼ਾ ਵਿਚ ਤੁਰਦਾ ਹੈ) ॥੨॥
8238	192	ਅਗਨਿ ਸਾਗਰੁ ਮਹਾ ਵਿਆਪੈ ਮਾਇਆ॥		Agan Saagar Mehaa Viaapai Maaeiaa ||	Maya pervades the awesome ocean of fire.	(ਹੇ ਭਾਈ! ਇਹ ਸੰਸਾਰ ਤ੍ਰਿਸ਼ਨਾ ਦੀ) ਅੱਗ ਦਾ ਸਮੁੰਦਰ ਹੈ (ਇਸ ਵਿਚ ਜੀਵਾਂ ਉਤੇ) ਮਾਇਆ ਆਪਣਾ ਬਹੁਤ ਜ਼ੋਰ ਪਾਈ ਰੱਖਦੀ ਹੈ।
8239	192	ਸੇ ਸੀਤਲ ਜਿਨ ਸਤਿਗੁਰੁ ਪਾਇਆ॥੩॥		Sae Seethal Jin Sathigur Paaeiaa ||3||	Those who have found the True Guru are calm and cool. ||3||	ਜਿਨ੍ਹਾਂ (ਵਡ-ਭਾਗੀਆਂ) ਨੂੰ ਸਤਿਗੁਰੂ ਮਿਲ ਪੈਂਦਾ ਹੈ, ਉਹ (ਇਸ ਅਗਨਿ-ਸਾਗਰ ਵਿਚ ਵਿਚਰਦੇ ਹੋਏ ਭੀ ਅੰਤਰ-ਆਤਮੇ) ਠੰਡੇ-ਠਾਰ ਟਿਕੇ ਰਹਿੰਦੇ ਹਨ ॥੩॥
8240	192	ਰਾਖਿ ਲੇਇ ਪ੍ਰਭੁ ਰਾਖਨਹਾਰਾ॥		Raakh Laee Prabh Raakhanehaaraa ||	Please preserve me, O God, O Great Preserver!	ਬਚਾਣ ਦੀ ਤਾਕਤ ਰੱਖਣ ਵਾਲਾ ਪਰਮਾਤਮਾ ਆਪ ਹੀ ਬਚਾਂਦਾ ਹੈ।
8241	192	ਕਹੁ ਨਾਨਕ ਕਿਆ ਜੰਤ ਵਿਚਾਰਾ॥੪॥੬੩॥੧੩੨॥		Kahu Naanak Kiaa Janth Vichaaraa ||4||63||132||	Says Nanak, what a helpless creature I am! ||4||63||132||	(ਪਰ) ਹੇ ਨਾਨਕ! (ਡਰ-ਸਹਮ ਤੋਂ ਬਚਣ ਲਈ, ਅਗਨਿ-ਸਾਗਰ ਦੇ ਵਿਕਾਰਾਂ ਦੇ ਸੇਕ ਤੋਂ ਬਚਣ ਲਈ) ਜੀਵਾਂ ਵਿਚਾਰਿਆਂ ਦੀ ਕੀਹ ਪਾਂਇਆਂ ਹੈ? (ਇਸ ਵਾਸਤੇ ਉਸ ਪਰਮਾਤਮਾ ਦਾ ਪੱਲਾ ਫੜੀ ਰੱਖ) ॥੪॥੬੩॥੧੩੨॥

8242	192	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8243	192	ਤੁਮਰੀ ਕ੍ਰਿਪਾ ਤੇ ਜਪੀਐ ਨਾਉ॥		Thumaree Kirapaa Thae Japeeai Naao ||	By Your Grace, I chant Your Name.	(ਹੇ ਪਾਰਬ੍ਰਹਮ ਪ੍ਰਭੂ!) ਤੇਰੀ ਮਿਹਰ ਨਾਲ ਹੀ (ਤੇਰਾ) ਨਾਮ ਜਪਿਆ ਜਾ ਸਕਦਾ ਹੈ।
8244	192	ਤੁਮਰੀ ਕ੍ਰਿਪਾ ਤੇ ਦਰਗਹ ਥਾਉ॥੧॥		Thumaree Kirapaa Thae Dharageh Thhaao ||1||	By Your Grace, I obtain a seat in Your Court. ||1||	ਤੇਰੀ ਕਿਰਪਾ ਨਾਲ ਹੀ ਤੇਰੀ ਦਰਗਾਹ ਵਿਚ (ਜੀਵ ਨੂੰ) ਇੱਜ਼ਤ ਮਿਲ ਸਕਦੀ ਹੈ ॥੧॥
8245	192	ਤੁਝ ਬਿਨੁ ਪਾਰਬ੍ਰਹਮ ਨਹੀ ਕੋਇ॥		Thujh Bin Paarabreham Nehee Koe ||	Without You, O Supreme Lord God, there is no one.	ਹੇ ਪਾਰਬ੍ਰਹਮ ਪ੍ਰਭੂ! ਤੈਥੋਂ ਬਿਨਾ (ਜੀਵਾਂ ਦਾ ਹੋਰ) ਕੋਈ (ਆਸਰਾ) ਨਹੀਂ ਹੈ।
8246	192	ਤੁਮਰੀ ਕ੍ਰਿਪਾ ਤੇ ਸਦਾ ਸੁਖੁ ਹੋਇ॥੧॥ਰਹਾਉ॥		Thumaree Kirapaa Thae Sadhaa Sukh Hoe ||1|| Rehaao ||	By Your Grace, everlasting peace is obtained. ||1||Pause||	ਤੇਰੀ ਕਿਰਪਾ ਨਾਲ ਹੀ (ਜੀਵ ਨੂੰ) ਸਦਾ ਲਈ ਆਤਮਕ ਆਨੰਦ ਮਿਲ ਸਕਦਾ ਹੈ ॥੧॥ ਰਹਾਉ ॥
8247	192	ਤੁਮ ਮਨਿ ਵਸੇ ਤਉ ਦੂਖੁ ਨ ਲਾਗੈ॥		Thum Man Vasae Tho Dhookh N Laagai ||	If You abide in the mind, we do not suffer in sorrow.	(ਹੇ ਪਾਰਬ੍ਰਹਮ ਪ੍ਰਭੂ!) ਜੇ ਤੂੰ (ਜੀਵ ਦੇ) ਮਨ ਵਿਚ ਆ ਵੱਸੇਂ ਤਾਂ (ਜੀਵ ਨੂੰ ਕੋਈ) ਦੁੱਖ ਪੋਹ ਨਹੀਂ ਸਕਦਾ।
8248	192	ਤੁਮਰੀ ਕ੍ਰਿਪਾ ਤੇ ਭ੍ਰਮੁ ਭਉ ਭਾਗੈ॥੨॥		Thumaree Kirapaa Thae Bhram Bho Bhaagai ||2||	By Your Grace, doubt and fear run away. ||2||	ਤੇਰੀ ਮਿਹਰ ਨਾਲ ਜੀਵ ਦੀ ਭਟਕਣਾ ਦੂਰ ਹੋ ਜਾਂਦੀ ਹੈ, ਜੀਵ ਦਾ ਡਰ-ਸਹਮ ਭੱਜ ਜਾਂਦਾ ਹੈ ॥੨॥

8249	192	ਪਾਰਬ੍ਰਹਮ ਅਪਰੰਪਰ ਸੁਆਮੀ॥	ਅਪ-ਰੰਪਰ	Paarabreham Aparanpar Suaamee ||	O Supreme Lord God, Infinite Lord and Master,	ਹੇ ਪਾਰਬ੍ਰਹਮ ਪ੍ਰਭੂ! ਹੇ ਬੇਅੰਤ ਪ੍ਰਭੂ! ਹੇ ਜਗਤ ਦੇ ਮਾਲਕ ਪ੍ਰਭੂ!
8250	192	ਸਗਲ ਘਟਾ ਕੇ ਅੰਤਰਜਾਮੀ॥੩॥		Sagal Ghattaa Kae Antharajaamee ||3||	You are the Inner-knower, the Searcher of all hearts. ||3||	ਹੇ ਸਾਰੇ ਜੀਵਾਂ ਦੇ ਦਿਲ ਦੀ ਜਾਣਨ ਵਾਲੇ ਪ੍ਰਭੂ! ॥੩॥
8251	192	ਕਰਉ ਅਰਦਾਸਿ ਅਪਨੇ ਸਤਿਗੁਰ ਪਾਸਿ॥		Karo Aradhaas Apanae Sathigur Paas ||	I offer this prayer to the True Guru:	(ਜੇ ਤੇਰੀ ਮਿਹਰ ਹੋਵੇ ਤਾਂ ਹੀ) ਮੈਂ ਆਪਣੇ ਗੁਰੂ ਅੱਗੇ (ਇਹ) ਅਰਦਾਸ ਕਰ ਸਕਦਾ ਹਾਂ,
8252	192	ਨਾਨਕ ਨਾਮੁ ਮਿਲੈ ਸਚੁ ਰਾਸਿ॥੪॥੬੪॥੧੩੩॥		Naanak Naam Milai Sach Raas ||4||64||133||	O Nanak, may I be blessed with the treasure of the True Name. ||4||64||133||	ਕਿ ਮੈਨੂੰ ਨਾਨਕ ਨੂੰ ਪ੍ਰਭੂ ਦਾ ਨਾਮ ਮਿਲੇ (ਨਾਨਕ ਵਾਸਤੇ ਨਾਮ ਹੀ) ਸਦਾ ਕਾਇਮ ਰਹਿਣ ਵਾਲਾ ਸਰਮਾਇਆ ਹੈ ॥੪॥੬੪॥੧੩੩॥
8253	192	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8254	192	ਕਣ ਬਿਨਾ ਜੈਸੇ ਥੋਥਰ ਤੁਖਾ॥	(ਕਣ) ਦਾਣੇ। (ਥੋਥਰ) ਖਾਲੀ। ਤੁਖਾ:ਪੋਲਾ ਬੋਲੋ। (ਤੁਖਾ) ਅੰਨ ਦਾ ਛਿਲਕਾ	Kan Binaa Jaisae Thhothhar Thukhaa ||	As the husk is empty without the grain,	(ਹੇ ਭਾਈ!) ਜਿਵੇਂ ਦਾਣਿਆਂ ਤੋਂ ਬਿਨਾ ਖ਼ਾਲੀ ਤੋਹ (ਕਿਸੇ ਕੰਮ ਨਹੀਂ ਆਉਂਦੇ।)
8255	192	ਨਾਮ ਬਿਹੂਨ ਸੂਨੇ ਸੇ ਮੁਖਾ॥੧॥	(ਬਿਹੂਨ) ਬਿਨਾ	Naam Bihoon Soonae Sae Mukhaa ||1||	So is the mouth empty without the Naam, the Name of the Lord. ||1||	(ਇਸੇ ਤਰ੍ਹਾਂ) ਉਹ ਮੂੰਹ ਸੁੰਞੇ ਹਨ ਜੋ ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਹਨ ॥੧॥

8256	192	ਹਰਿ ਹਰਿ ਨਾਮੁ ਜਪਹੁ ਨਿਤ ਪ੍ਰਾਣੀ॥		Har Har Naam Japahu Nith Praanee ||	O mortal, chant continually the Name of the Lord, Har, Har.	ਹੇ ਪ੍ਰਾਣੀ! ਸਦਾ ਪਰਮਾਤਮਾ ਦਾ ਨਾਮ ਸਿਮਰਦੇ ਰਹੋ।
8257	192	ਨਾਮ ਬਿਹੂਨ ਧ੍ਰਿਗੁ ਦੇਹ ਬਿਗਾਨੀ॥੧॥ਰਹਾਉ ॥		Naam Bihoon Dhhrig Dhaeh Bigaanee ||1|| Rehaao ||	Without the Naam, cursed is the body, which shall be taken back by Death. ||1||Pause||	ਪਰਮਾਤਮਾ ਦੇ ਨਾਮ ਤੋਂ ਬਿਨਾ ਇਹ ਸਰੀਰ ਜੋ ਆਖ਼ਿਰ ਪਰਾਇਆ ਹੋ ਜਾਂਦਾ ਹੈ (ਜੋ ਮੌਤ ਆਉਣ ਤੇ ਛੱਡਣਾ ਪੈਂਦਾ ਹੈ) ਫਿਟਕਾਰ-ਜੋਗ (ਕਿਹਾ ਜਾਂਦਾ) ਹੈ ॥੧॥ ਰਹਾਉ ॥
8258	192	ਨਾਮ ਬਿਨਾ ਨਾਹੀ ਮੁਖਿ ਭਾਗੁ॥		Naam Binaa Naahee Mukh Bhaag ||	When my tongue chants the Name of the Lord, Har, Haree. ||2||	(ਹੇ ਭਾਈ!) ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਕਿਸੇ ਮੱਥੇ ਉਤੇ ਭਾਗ ਨਹੀਂ ਖੁਲ੍ਹਦਾ।
8259	192	ਭਰਤ ਬਿਹੂਨ ਕਹਾ ਸੋਹਾਗੁ॥੨॥	(ਭਰਤ) ਪਤੀ	Bharath Bihoon Kehaa Sohaag ||2||	Without the Husband, where is the marriage? ||2||	ਖਸਮ ਤੋਂ ਬਿਨਾ (ਇਸਤ੍ਰੀ ਦਾ) ਸੁਹਾਗ ਨਹੀਂ ਹੋ ਸਕਦਾ ॥੨॥
8260	192	ਨਾਮੁ ਬਿਸਾਰਿ ਲਗੈ ਅਨ ਸੁਆਇ॥	(ਸੁਆਇ) ਸੁਆਦ ਚ	Naam Bisaar Lagai An Suaae ||	Forgetting the Naam, and attached to other tastes,	(ਹੇ ਭਾਈ!) ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਭੁਲਾ ਕੇ ਹੋਰ ਹੋਰ ਸੁਆਦ ਵਿਚ ਰੁੱਝਦਾ ਹੈ,
8261	192	ਤਾ ਕੀ ਆਸ ਨ ਪੂਜੈ ਕਾਇ॥੩॥	ਪੂੱਜੈ	Thaa Kee Aas N Poojai Kaae ||3||	No desires are fulfilled. ||3||	ਉਸ ਦੀ ਕੋਈ ਆਸ ਸਿਰੇ ਨਹੀਂ ਚੜ੍ਹਦੀ ॥੩॥
8262	192	ਕਰਿ ਕਿਰਪਾ ਪ੍ਰਭ ਅਪਨੀ ਦਾਤਿ॥		Kar Kirapaa Prabh Apanee Dhaath ||	O God, grant Your Grace, and give me this gift.	ਹੇ ਪ੍ਰਭੂ! ਮਿਹਰ ਕਰ ਕੇ ਤੂੰ ਜਿਸ ਮਨੁੱਖ ਨੂੰ ਆਪਣੇ ਨਾਮ ਦੀ ਦਾਤ ਬਖ਼ਸ਼ਦਾ ਹੈਂ,

8263	192	ਨਾਨਕ ਨਾਮੁ ਜਪੈ ਦਿਨ ਰਾਤਿ॥੪॥੬੫॥੧੩੪॥		Naanak Naam Japai Dhin Raath ||4||65||134||	Please, let Nanak chant Your Name, day and night. ||4||65||134||	ਹੇ ਨਾਨਕ! (ਆਖ-) ਉਹੀ ਦਿਨ ਰਾਤ ਤੇਰਾ ਨਾਮ ਜਪਦਾ ਹੈ ॥੪॥੬੫॥੧੩੪॥
8264	193	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8265	193	ਤੂੰ ਸਮਰਥੁ ਤੂੰਹੈ ਮੇਰਾ ਸੁਆਮੀ॥	ਸਮਰੱਥੁ	Thoon Samarathh Thoonhai Maeraa Suaamee ||	You are All-powerful, You are my Lord and Master.	(ਹੇ ਪਾਰਬ੍ਰਹਮ!) ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੂੰ ਹੀ ਮੇਰਾ ਮਾਲਕ ਹੈਂ (ਮੈਨੂੰ ਤੇਰਾ ਹੀ ਆਸਰਾ ਹੈ)।
8266	193	ਸਭੁ ਕਿਛੁ ਤੁਮ ਤੇ ਤੂੰ ਅੰਤਰਜਾਮੀ॥੧॥		Sabh Kishh Thum Thae Thoon Antharajaamee ||1||	Everything comes from You; You are the Inner-knower, the Searcher of hearts. ||1||	ਤੂੰ ਸਭ ਦੇ ਦਿਲ ਦੀ ਜਾਣਨ ਵਾਲਾ ਹੈਂ। ਜੋ ਕੁਝ ਜਗਤ ਵਿਚ ਹੋ ਰਿਹਾ ਹੈ ਤੇਰੀ ਪ੍ਰੇਰਨਾ ਨਾਲ ਹੀ ਹੋ ਰਿਹਾ ਹੈ ॥੧॥
8267	193	ਪਾਰਬ੍ਰਹਮ ਪੂਰਨ ਜਨ ਓਟ॥		Paarabreham Pooran Jan Outt ||	The Perfect Supreme Lord God is the Support of His humble servant.	ਹੇ ਸਰਬ-ਵਿਆਪਕ ਪਾਰਬ੍ਰਹਮ ਪ੍ਰਭੂ! ਤੇਰੇ ਸੇਵਕਾਂ ਨੂੰ ਤੇਰਾ ਹੀ ਆਸਰਾ ਹੁੰਦਾ ਹੈ।
8268	193	ਤੇਰੀ ਸਰਣਿ ਉਧਰਹਿ ਜਨ ਕੋਟਿ॥੧॥ਰਹਾਉ॥	ਦੂਜਿਆਂ ਨੂੰ (ਉ-ਧਰਹਿ) ਉਧਾਰਦੇ ਹਨ	Thaeree Saran Oudhharehi Jan Kott ||1|| Rehaao ||	Millions are saved in Your Sanctuary. ||1||Pause||	ਕ੍ਰੋੜਾਂ ਹੀ ਮਨੁੱਖ ਤੇਰੀ ਸਰਨ ਪੈ ਕੇ (ਸੰਸਾਰ-ਸਮੁੰਦਰ ਤੋਂ) ਬਚ ਜਾਂਦੇ ਹਨ ॥੧॥ ਰਹਾਉ ॥

8269	193	ਜੇਤੇ ਜੀਅ ਤੇਤੇ ਸਭਿ ਤੇਰੇ॥		Jaethae Jeea Thaethae Sabh Thaerae ||	As many creatures as there are - they are all Yours.	(ਹੇ ਪਾਰਬ੍ਰਹਮ! ਜਗਤ ਵਿਚ) ਜਿਤਨੇ ਭੀ ਜੀਵ ਹਨ, ਸਾਰੇ ਤੇਰੇ ਹੀ ਪੈਦਾ ਕੀਤੇ ਹੋਏ ਹਨ।
8270	193	ਤੁਮਰੀ ਕ੍ਰਿਪਾ ਤੇ ਸੂਖ ਘਨੇਰੇ॥੨॥	(ਘਨੇਰੇ) ਬਹੁਤ	Thumaree Kirapaa Thae Sookh Ghanaerae ||2||	By Your Grace, all sorts of comforts are obtained. ||2||	ਤੇਰੀ ਮਿਹਰ ਨਾਲ ਹੀ (ਜੀਵਾਂ ਨੂੰ) ਅਨੇਕਾਂ ਸੁਖ ਮਿਲ ਰਹੇ ਹਨ ॥੨॥
8271	193	ਜੋ ਕਿਛੁ ਵਰਤੈ ਸਭ ਤੇਰਾ ਭਾਣਾ॥		Jo Kishh Varathai Sabh Thaeraa Bhaanaa ||	Whatever happens, is all according to Your Will.	(ਹੇ ਪਾਰਬ੍ਰਹਮ! ਸੰਸਾਰ ਵਿਚ) ਜੋ ਕੁਝ ਵਾਪਰ ਰਿਹਾ ਹੈ, ਉਹੀ ਵਾਪਰਦਾ ਹੈ ਜੋ ਤੈਨੂੰ ਚੰਗਾ ਲੱਗਦਾ ਹੈ।
8272	193	ਹੁਕਮੁ ਬੂਝੈ ਸੋ ਸਚਿ ਸਮਾਣਾ॥੩॥		Hukam Boojhai So Sach Samaanaa ||3||	One who understands the Hukam of the Lord's Command, is absorbed in the True Lord. ||3||	ਜੇਹੜਾ ਮਨੁੱਖ ਤੇਰੀ ਰਜ਼ਾ ਨੂੰ ਸਮਝ ਲੈਂਦਾ ਹੈ, ਉਹ ਤੇਰੇ ਸਦਾ-ਥਿਰ ਰਹਿਣ ਵਾਲੇ ਨਾਮ ਵਿਚ ਲੀਨ ਰਹਿੰਦਾ ਹੈ ॥੩॥
8273	193	ਕਰਿ ਕਿਰਪਾ ਦੀਜੈ ਪ੍ਰਭ ਦਾਨੁ॥		Kar Kirapaa Dheejai Prabh Dhaan ||	Please grant Your Grace, God, and bestow this gift	ਹੇ ਪ੍ਰਭੂ! ਮਿਹਰ ਕਰ ਕੇ ਆਪਣੇ ਨਾਮ ਦੀ ਦਾਤ ਬਖ਼ਸ਼,
8274	193	ਨਾਨਕ ਸਿਮਰੈ ਨਾਮੁ ਨਿਧਾਨੁ॥੪॥੬੬॥੧੩੫॥		Naanak Simarai Naam Nidhhaan ||4||66||135||	Upon Nanak, that he may meditate on the treasure of the Naam. ||4||66||135||	ਤਾ ਕਿ ਤੇਰਾ ਦਾਸ ਨਾਨਕ ਤੇਰਾ ਨਾਮ ਸਿਮਰਦਾ ਰਹੇ (ਤੇਰਾ ਨਾਮ ਹੀ ਤੇਰੇ ਦਾਸ ਵਾਸਤੇ ਸਭ ਸੁਖਾਂ ਦਾ) ਖ਼ਜ਼ਾਨਾ ਹੈ ॥੪॥੬੬॥੧੩੫॥
8275	193	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

8276	193	ਤਾ ਕਾ ਦਰਸੁ ਪਾਈਐ ਵਡਭਾਗੀ॥		Thaa Kaa Dharas Paaeeai Vaddabhaagee ||	By great good fortune, the Blessed Vision of His Darshan is obtained,	(ਹੇ ਭਾਈ!) ਉਸ ਮਨੁੱਖ ਦਾ ਦਰਸਨ ਵੱਡੇ ਭਾਗਾਂ ਨਾਲ ਮਿਲਦਾ ਹੈ,
8277	193	ਜਾ ਕੀ ਰਾਮ ਨਾਮਿ ਲਿਵ ਲਾਗੀ॥੧॥		Jaa Kee Raam Naam Liv Laagee ||1||	O my mind, chant the Bani, the Hymns of the Lord of the Universe.	ਜਿਸ ਦੀ ਲਗਨ ਪਰਮਾਤਮਾ ਦੇ ਨਾਮ ਵਿਚ ਲੱਗੀ ਰਹਿੰਦੀ ਹੈ ॥੧॥
8278	193	ਜਾ ਕੈ ਹਰਿ ਵਸਿਆ ਮਨ ਮਾਹੀ॥		Jaa Kai Har Vasiaa Man Maahee ||	Those whose minds are filled with the Lord,	(ਹੇ ਭਾਈ!) ਜਿਸ ਮਨੁੱਖ ਦੇ ਮਨ ਵਿਚ (ਸਦਾ) ਪਰਮਾਤਮਾ (ਦਾ ਨਾਮ) ਵੱਸਿਆ ਰਹਿੰਦਾ ਹੈ,
8279	193	ਤਾ ਕਉ ਦੁਖੁ ਸੁਪਨੈ ਭੀ ਨਾਹੀ॥੧॥ਰਹਾਉ॥		Thaa Ko Dhukh Supanai Bhee Naahee ||1|| Rehaao ||	Do not suffer pain, even in dreams. ||1||Pause||	ਉਸ ਮਨੁੱਖ ਨੂੰ ਕਦੇ ਸੁਪਨੇ ਵਿਚ ਭੀ (ਕੋਈ) ਦੁੱਖ ਪੋਹ ਨਹੀਂ ਸਕਦਾ ॥੧॥ ਰਹਾਉ ॥
8280	193	ਸਰਬ ਨਿਧਾਨ ਰਾਖੇ ਜਨ ਮਾਹਿ॥	(ਕਿਲਵਿਖ) ਪਾਪ	Sarab Nidhhaan Raakhae Jan Maahi ||	All treasures have been placed within the minds of His humble servants.	(ਹੇ ਭਾਈ! ਨਾਮ ਦੀ ਲਗਨ ਵਾਲੇ) ਸੇਵਕ (ਦੇ ਹਿਰਦੇ) ਵਿਚ (ਪਰਮਾਤਮਾ) ਸਾਰੇ (ਆਤਮਕ ਗੁਣਾਂ ਦੇ) ਖ਼ਜ਼ਾਨੇ ਪਾ ਰੱਖਦਾ ਹੈ।
8281	193	ਤਾ ਕੈ ਸੰਗਿ ਕਿਲਵਿਖ ਦੁਖ ਜਾਹਿ॥੨॥		Thaa Kai Sang Kilavikh Dhukh Jaahi ||2||	In their company, sinful mistakes and sorrows are taken away. ||2||	ਅਜੇਹੇ ਸੇਵਕ ਦੀ ਸੰਗਤਿ ਵਿਚ ਰਿਹਾਂ ਪਾਪ ਤੇ ਦੁੱਖ ਦੂਰ ਹੋ ਜਾਂਦੇ ਹਨ ॥੨॥

8282	193	ਜਨ ਕੀ ਮਹਿਮਾ ਕਥੀ ਨ ਜਾਇ॥		Jan Kee Mehimaa Kathhee N Jaae ||	Write in your mind the Word of the Lord, Har, Har. ||3||	(ਹੇ ਭਾਈ! ਇਹੋ ਜਿਹੇ) ਸੇਵਕ ਦੀ ਆਤਮਕ ਉੱਚਤਾ ਬਿਆਨ ਨਹੀਂ ਕੀਤੀ ਜਾ ਸਕਦੀ।
8283	193	ਪਾਰਬ੍ਰਹਮੁ ਜਨੁ ਰਹਿਆ ਸਮਾਇ॥੩॥		Paarabreham Jan Rehiaa Samaae ||3||	The servants of the Supreme Lord God remain absorbed in Him. ||3||	ਉਹ ਸੇਵਕ ਉਸ ਪਾਰਬ੍ਰਹਮ ਦਾ ਰੂਪ ਬਣ ਜਾਂਦਾ ਹੈ ਜੋ ਸਭ ਜੀਵਾਂ ਵਿਚ ਵਿਆਪਕ ਹੈ ॥੩॥
8284	193	ਕਰਿ ਕਿਰਪਾ ਪ੍ਰਭ ਬਿਨਉ ਸੁਨੀਜੈ॥	(ਬਿਨਉ) ਬੇਨਤੀ	Kar Kirapaa Prabh Bino Suneejai ||	Grant Your Grace, God, and hear my prayer:	ਹੇ ਪ੍ਰਭੂ! ਮੇਰੀ ਬੇਨਤੀ ਸੁਣ, ਮਿਹਰ ਕਰ।
8285	193	ਦਾਸ ਕੀ ਧੂਰਿ ਨਾਨਕ ਕਉ ਦੀਜੈ॥੪॥੬੭॥੧੩੬॥		Dhaas Kee Dhhoor Naanak Ko Dheejai ||4||67||136||	Please bless Nanak with the dust of the feet of Your slave. ||4||67||136||	ਮੈਨੂੰ ਨਾਨਕ ਨੂੰ ਆਪਣੇ ਅਜੇਹੇ ਸੇਵਕ ਦੇ ਚਰਨਾਂ ਦੀ ਧੂੜ ਦੇਹ ॥੪॥੬੭॥੧੩੬॥
8286	193	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8287	193	ਹਰਿ ਸਿਮਰਤ ਤੇਰੀ ਜਾਇ ਬਲਾਇ॥		Har Simarath Thaeree Jaae Balaae ||	Remembering the Lord in meditation, your misfortune shall be taken away,	(ਹੇ ਭਾਈ!) ਪਰਮਾਤਮਾ ਦਾ ਸਿਰਮਨ ਕਰਦਿਆਂ ਤੇਰੀ ਵੈਰਨ (ਮਾਇਆ ਡਾਇਣ) ਤੈਥੋਂ ਪਰੇ ਹਟ ਜਾਏਗੀ।

8288	193	ਸਰਬ ਕਲਿਆਣ ਵਸੈ ਮਨਿ ਆਇ॥੧॥		Sarab Kaliaan Vasai Man Aae ||1||	And all joy shall come to abide in your mind. ||1||	(ਜੇ ਪਰਮਾਤਮਾ ਦਾ ਨਾਮ ਤੇਰੇ) ਮਨ ਵਿਚ ਆ ਵੱਸੇ ਤਾਂ (ਤੇਰੇ ਅੰਦਰ) ਸਾਰੇ ਸੁਖ (ਆ ਵੱਸਣਗੇ) ॥੧॥
8289	193	ਭਜੁ ਮਨ ਮੇਰੇ ਏਕੋ ਨਾਮ॥		Bhaj Man Maerae Eaeko Naam ||	Meditate, O my mind, on the One Name.	ਹੇ ਮੇਰੇ ਮਨ! ਇਕ ਪਰਮਾਤਮਾ ਦਾ ਹੀ ਨਾਮ ਸਿਮਰਦਾ ਰਹੁ।
8290	193	ਜੀਅ ਤੇਰੇ ਕੈ ਆਵੈ ਕਾਮ॥੧॥ਰਹਾਉ॥		Jeea Thaerae Kai Aavai Kaam ||1|| Rehaao ||	It alone shall be of use to your soul. ||1||Pause||	ਇਹ ਨਾਮ ਹੀ ਤੇਰੀ ਜਿੰਦ ਦੇ ਕੰਮ ਆਵੇਗਾ (ਜਿੰਦ ਦੇ ਨਾਲ ਸਦਾ ਨਿਭੇਗਾ) ॥੧॥ ਰਹਾਉ ॥
8291	193	ਰੈਣਿ ਦਿਨਸੁ ਗੁਣ ਗਾਉ ਅਨੰਤਾ॥	(ਅਨੰਤਾ) ਬੇਅੰਤ ਬ੍ਰਹਮ ਜੀ	Rain Dhinas Gun Gaao Ananthaa ||	Night and day, sing the Glorious Praises of the Infinite Lord,	(ਹੇ ਭਾਈ!) ਦਿਨ ਰਾਤ ਬੇਅੰਤ ਪਰਮਾਤਮਾ ਦੇ ਗੁਣ ਗਾਇਆ ਕਰ,
8292	193	ਗੁਰ ਪੂਰੇ ਕਾ ਨਿਰਮਲ ਮੰਤਾ॥੨॥	(ਮੰਤਾ) ਉਪਦੇਸ਼	Gur Poorae Kaa Niramal Manthaa ||2||	Through the Pure Mantra of the Perfect Guru. ||2||	ਤੇ ਪੂਰੇ ਗੁਰੂ ਦਾ ਪਵਿੱਤਰ ਉਪਦੇਸ਼ ਲੈ ॥੨॥
8293	193	ਛੋਡਿ ਉਪਾਵ ਏਕ ਟੇਕ ਰਾਖੁ॥	(ਉਪਾਵ) ਯਤਨ। (ਟੇਕ) ਆਸਰਾ	Shhodd Oupaav Eaek Ttaek Raakh ||	Give up other efforts, and place your faith in the Support of the One Lord.	(ਹੇ ਭਾਈ! ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ) ਹੋਰ ਸਾਰੇ ਹੀਲੇ ਛੱਡ, ਤੇ ਇਕ ਪਰਮਾਤਮਾ (ਦੇ ਨਾਮ) ਦਾ ਆਸਰਾ ਰੱਖ।
8294	193	ਮਹਾ ਪਦਾਰਥੁ ਅੰਮ੍ਰਿਤ ਰਸੁ ਚਾਖੁ॥੩॥		Mehaa Padhaarathh Anmrith Ras Chaakh ||3||	Taste the Ambrosial Essence of this, the greatest treasure. ||3||	ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਚੱਖ-ਇਹੀ ਹੈ ਸਭ ਪਦਾਰਥਾਂ ਤੋਂ ਸ੍ਰੇਸ਼ਟ ਪਦਾਰਥ ॥੩॥

8295	193	ਬਿਖਮ ਸਾਗਰੁ ਤੇਈ ਜਨ ਤਰੇ॥	(ਬਿਖਮੁ) ਔਖਾ	Bikham Saagar Thaeee Jan Tharae ||	They alone cross over the treacherous world-ocean,	ਹੇ ਨਾਨਕ! ਉਹੀ ਮਨੁੱਖ ਔਖੇ (ਸੰਸਾਰ) ਸਮੁੰਦਰ ਤੋਂ (ਆਤਮਕ ਪੂੰਜੀ ਸਮੇਤ) ਪਾਰ ਲੰਘਦੇ ਹਨ,
8296	193	ਨਾਨਕ ਜਾ ਕਉ ਨਦਰਿ ਕਰੇ॥੪॥੬੮॥੧੩੭॥		Naanak Jaa Ko Nadhar Karae ||4||68||137||	O Nanak, upon whom the Lord casts His Glance of Grace. ||4||68||137||	ਜਿਨ੍ਹਾਂ ਤੇ (ਪਰਮਾਤਮਾ ਆਪ ਮਿਹਰ ਦੀ) ਨਜ਼ਰ ਕਰਦਾ ਹੈ ॥੪॥੬੮॥੧੩੭॥
8297	193	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8298	193	ਹਿਰਦੈ ਚਰਨਕਮਲ ਪ੍ਰਭ ਧਾਰੇ॥		Hiradhai Charan Kamal Prabh Dhhaarae ||	I have enshrined the Lotus Feet of God within my heart.	(ਹੇ ਮੇਰੇ ਭਾਈ!) ਜੇਹੜੇ ਮਨੁੱਖ ਪਰਮਾਤਮਾ ਦੇ ਸੁੰਦਰ ਚਰਨ ਆਪਣੇ ਹਿਰਦੇ ਵਿਚ ਟਿਕਾਂਦੇ ਹਨ,
8299	193	ਪੂਰੇ ਸਤਿਗੁਰ ਮਿਲਿ ਨਿਸਤਾਰੇ॥੧॥	(ਨਿਸਤਾਰੇ) ਤਰ ਗਏ	Poorae Sathigur Mil Nisathaarae ||1||	Meeting the Perfect True Guru, I am emancipated. ||1||	ਪੂਰੇ ਸਤਿਗੁਰੂ ਨੂੰ ਮਿਲ ਕੇ ਉਹ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ ॥੧॥
8300	193	ਗੋਵਿੰਦ ਗੁਣ ਗਾਵਹੁ ਮੇਰੇ ਭਾਈ॥		Govindh Gun Gaavahu Maerae Bhaaee ||	Sing the Glorious Praises of the Lord of the Universe, O my Siblings of Destiny.	ਹੇ ਮੇਰੇ ਭਾਈ! ਗੋਬਿੰਦ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਰਹੋ।

8301	193	ਮਿਲਿ ਸਾਧੂ ਹਰਿ ਨਾਮੁ ਧਿਆਈ॥੧॥ਰਹਾਉ ॥		Mil Saadhhoo Har Naam Dhhiaaee ||1|| Rehaao ||	If You abide in the mind, we do not suffer in sorrow.	ਗੁਰੂ ਨੂੰ ਮਿਲ ਕੇ ਪਰਮਾਤਮਾ ਦਾ ਨਾਮ ਸਿਮਰੋ ॥੧॥ ਰਹਾਉ ॥
8302	193	ਦੁਲਭ ਦੇਹ ਹੋਈ ਪਰਵਾਨੁ॥	(ਦੁਲੱਭ) ਔਖੀ ਮਿਲਣ ਵਾਲੀ	Dhulabh Dhaeh Hoee Paravaan ||	This human body, so difficult to obtain, is redeemed	(ਹੇ ਮੇਰੇ ਭਾਈ!) ਉਹਨਾਂ ਦਾ ਮਨੁੱਖਾ ਸਰੀਰ-ਬੜੀ ਕਠਨਤਾ ਨਾਲ ਮਿਲਿਆ ਹੋਇਆ ਮਨੁੱਖਾ ਸਰੀਰ-(ਪਰਮਾਤਮਾ ਦੀਆਂ ਨਜ਼ਰਾਂ ਵਿਚ) ਕਬੂਲ ਹੋ ਜਾਂਦਾ ਹੈ,
8303	193	ਸਤਿਗੁਰ ਤੇ ਪਾਇਆ ਨਾਮ ਨੀਸਾਨੁ॥੨॥	(ਨੀਸਾਨੁ) ਪਰਵਾਨਾ	Sathigur Thae Paaeiaa Naam Neesaan ||2||	When one receives the banner of the Naam from the True Guru. ||2||	ਜਿਨ੍ਹਾਂ ਮਨੁੱਖਾਂ ਨੇ ਇਸ ਜੀਵਨ-ਸਫ਼ਰ ਵਿਚ) ਸਤਿਗੁਰੂ ਪਾਸੋਂ ਪਰਮਾਤਮਾ ਦੇ ਨਾਮ ਦੀ ਰਾਹਦਾਰੀ ਹਾਸਲ ਕਰ ਲਈ ਹੈ ॥੨॥
8304	193	ਹਰਿ ਸਿਮਰਤ ਪੂਰਨ ਪਦੁ ਪਾਇਆ॥		Har Simarath Pooran Padh Paaeiaa ||	Meditating in remembrance on the Lord, the state of perfection is attained.	(ਹੇ ਮੇਰੇ ਭਾਈ!) ਪਰਮਾਤਮਾ ਦਾ ਨਾਮ ਸਿਮਰਦਿਆਂ ਮਨੁੱਖ ਉਹ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ, ਜਿਥੇ ਕਿਸੇ ਉਕਾਈ ਦੀ ਸੰਭਾਵਨਾ ਨਹੀਂ ਰਹਿ ਜਾਂਦੀ।
8305	193	ਸਾਧਸੰਗਿ ਭੈ ਭਰਮ ਮਿਟਾਇਆ॥੩॥		Saadhhasang Bhai Bharam Mittaaeiaa ||3||	In the Saadh Sangat, the Company of the Holy, fear and doubt depart. ||3||	ਸਾਧ ਸੰਗਤਿ ਵਿਚ ਰਹਿ ਕੇ ਮਨੁੱਖ ਸਾਰੇ ਡਰ ਸਾਰੀਆਂ ਭਟਕਣਾ ਮਿਟਾ ਲੈਂਦਾ ਹੈ ॥੩॥

8306	193	ਜਤ ਕਤ ਦੇਖਉ ਤਤ ਰਹਿਆ ਸਮਾਇ॥	(ਜਤ) ਜਿੱਥੇ। (ਕਤ) ਕਿਤੇ। (ਤਤ) ਤਿੱਥੇ। ਜਤ ਕਤ ਤਤ: ਪੋਲੇ ਬੋਲੋ	Jath Kath Dhaekho Thath Rehiaa Samaae ||	Wherever I look, there I see the Lord pervading.	(ਹੇ ਮੇਰੇ ਭਾਈ! ਗੁਰੂ ਦੀ ਸਰਨ ਦੀ ਬਰਕਤਿ ਨਾਲ) ਮੈਂ ਜਿਧਰ ਭੀ ਵੇਖਦਾ ਹਾਂ, ਉਧਰ ਹੀ ਪਰਮਾਤਮਾ ਵਿਆਪਕ ਦਿੱਸਦਾ ਹੈ।
8307	193	ਨਾਨਕ ਦਾਸ ਹਰਿ ਕੀ ਸਰਣਾਇ॥੪॥੬੯॥ ੧੩੮॥		Naanak Dhaas Har Kee Saranaae ||4||69||138||	Slave Nanak has entered the Lord's Sanctuary. ||4||69||138||	ਹੇ ਨਾਨਕ! ਸੇਵਕ ਪ੍ਰਭੂ ਦੀ ਸਰਨ ਵਿਚ ਹੀ ਟਿਕੇ ਰਹਿੰਦੇ ਹਨ ॥੪॥੬੯॥੧੩੮॥
8308	193	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8309	193	ਗੁਰ ਜੀ ਕੇ ਦਰਸਨ ਕਉ ਬਲਿ ਜਾਉ॥		Gur Jee Kae Dharasan Ko Bal Jaao ||	I am a sacrifice to the Blessed Vision of the Guru's Darshan.	(ਹੇ ਭਾਈ!) ਮੈਂ ਸਤਿਗੁਰੂ ਜੀ ਦੇ ਦਰਸਨ ਤੋਂ ਸਦਕੇ ਜਾਂਦਾ ਹਾਂ।
8310	193	ਜਪਿ ਜਪਿ ਜੀਵਾ ਸਤਿਗੁਰ ਨਾਉ॥੧॥		Jap Jap Jeevaa Sathigur Naao ||1||	Chanting and meditating on the Name of the True Guru, I live. ||1||	ਸਤਿਗੁਰੂ ਦਾ ਨਾਮ ਚੇਤੇ ਕਰ ਕੇ ਮੇਰੇ ਅੰਦਰ ਉੱਚਾ ਆਤਮਕ ਜੀਵਨ ਪੈਦਾ ਹੁੰਦਾ ਹੈ ॥੧॥
8311	193	ਪਾਰਬ੍ਰਹਮ ਪੂਰਨ ਗੁਰਦੇਵ॥		Paarabreham Pooran Guradhaev ||	O Supreme Lord God, O Perfect Divine Guru,	ਹੇ ਪੂਰਨ ਪਾਰਬ੍ਰਹਮ! ਹੇ ਗੁਰਦੇਵ!

8312	193	ਕਰਿ ਕਿਰਪਾ ਲਾਗਉ ਤੇਰੀ ਸੇਵ॥੧॥ਰਹਾਉ॥		Kar Kirapaa Laago Thaeree Saev ||1|| Rehaao ||	Show mercy to me, and commit me to Your service. ||1||Pause||	ਕਿਰਪਾ ਕਰ, ਮੈਂ ਤੇਰੀ ਸੇਵਾ-ਭਗਤੀ ਵਿਚ ਲੱਗਾ ਰਹਾਂ ॥੧॥ ਰਹਾਉ ॥
8313	193	ਚਰਨਕਮਲ ਹਿਰਦੈ ਉਰ ਧਾਰੀ॥		Charan Kamal Hiradhai Our Dhhaaree ||	I enshrine His Lotus Feet within my heart.	(ਇਸ ਵਾਸਤੇ, ਹੇ ਭਾਈ! ਗੁਰੂ ਦੇ) ਸੋਹਣੇ ਚਰਨ ਮੈਂ ਆਪਣੇ ਮਨ ਵਿਚ ਹਿਰਦੇ ਵਿਚ ਟਿਕਾਂਦਾ ਹਾਂ।
8314	193	ਮਨ ਤਨ ਧਨ ਗੁਰ ਪ੍ਰਾਨ ਅਧਾਰੀ॥੨॥		Man Than Dhhan Gur Praan Adhhaaree ||2||	I offer my mind, body and wealth to the Guru, the Support of the breath of life. ||2||	ਗੁਰੂ ਦੇ ਚਰਨ ਮੇਰੇ ਮਨ ਦਾ ਮੇਰੇ ਤਨ ਦਾ ਮੇਰੇ ਧਨ ਦਾ ਮੇਰੀ ਜਿੰਦ ਦਾ ਆਸਰਾ ਹਨ ॥੨॥
8315	193	ਸਫਲ ਜਨਮੁ ਹੋਵੈ ਪਰਵਾਣੁ॥		Safal Janam Hovai Paravaan ||	My life is prosperous, fruitful and approved;	(ਹੇ ਭਾਈ!) (ਇਸ ਤਰ੍ਹਾਂ ਤੇਰਾ ਮਨੁੱਖਾ) ਜਨਮ ਕਾਮਯਾਬ ਹੋ ਜਾਇਗਾ ਤੂੰ (ਪਰਮਾਤਮਾ ਦੀ ਹਜ਼ੂਰੀ ਵਿਚ) ਕਬੂਲ ਹੋ ਜਾਇੰਗਾ,
8316	193	ਗੁਰੁ ਪਾਰਬ੍ਰਹਮੁ ਨਿਕਟਿ ਕਰਿ ਜਾਣੁ॥੩॥		Gur Paarabreham Nikatt Kar Jaan ||3||	I know that the Guru, the Supreme Lord God, is near me. ||3||	ਜੇ ਗੁਰੂ ਨੂੰ ਪਾਰਬ੍ਰਹਮ ਪ੍ਰਭੂ ਨੂੰ (ਸਦਾ ਆਪਣੇ) ਨੇੜੇ ਵੱਸਦਾ ਸਮਝੇਂ ॥੩॥
8317	193	ਸੰਤ ਧੂਰਿ ਪਾਈਐ ਵਡਭਾਗੀ॥		Santh Dhhoor Paaeeai Vaddabhaagee ||	By great good fortune, I have obtained the dust of the feet of the Saints.	ਹੇ ਨਾਨਕ! ਗੁਰੂ-ਸੰਤ ਦੇ ਚਰਨਾਂ ਦੀ ਧੂੜ ਵੱਡੇ ਭਾਗਾਂ ਨਾਲ ਮਿਲਦੀ ਹੈ।

8318	193	ਨਾਨਕ ਗੁਰ ਭੇਟਤ ਹਰਿ ਸਿਉ ਲਿਵ ਲਾਗੀ॥੪॥੭੦॥੧੩੯॥		Naanak Gur Bhaettath Har Sio Liv Laagee ||4||70||139||	O Nanak, meeting the Guru, I have fallen in love with the Lord. ||4||70||139||	ਗੁਰੂ ਨੂੰ ਮਿਲਿਆਂ ਪਰਮਾਤਮਾ (ਦੇ ਚਰਨਾਂ) ਨਾਲ ਲਗਨ ਲੱਗ ਜਾਂਦੀ ਹੈ ॥੪॥੭੦॥੧੩੯॥
8319	194	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8320	194	ਕਰੈ ਦੁਹਕਰਮ ਦਿਖਾਵੈ ਹੋਰੁ॥	(ਦੁਹ-ਕਰਮ) ਖੋਟੇ ਕੰਮ	Karai Dhuhakaram Dhikhaavai Hor ||	They do their evil deeds, and pretend otherwise;	(ਜੇਹੜਾ ਸਿਮਰਨ-ਹੀਨ ਮਨੁੱਖ ਰਾਮ ਨੂੰ ਸਰਬ-ਵਿਆਪਕ ਨਹੀਂ ਪ੍ਰਤੀਤ ਕਰਦਾ, ਉਹ ਅੰਦਰ ਲੁਕ ਕੇ) ਮੰਦੇ ਕਰਮ ਕਮਾਂਦਾ ਹੈ (ਬਾਹਰ ਜਗਤ ਨੂੰ ਆਪਣੇ ਜੀਵਨ ਦਾ) ਹੋਰ ਪਾਸਾ ਵਿਖਾਂਦਾ ਹੈ,
8321	194	ਰਾਮ ਕੀ ਦਰਗਹ ਬਾਧਾ ਚੋਰੁ॥੧॥	(ਬਾਧਾ) ਬੰਨ੍ਹਿਆ	Raam Kee Dharageh Baadhhaa Chor ||1||	But in the Court of the Lord, they shall be bound and gagged like thieves. ||1||	(ਜਿਵੇਂ ਚੋਰ ਸੰਨ੍ਹ ਉਤੇ ਫੜਿਆ ਜਾਂਦਾ ਹੈ ਤੇ ਬੱਝ ਜਾਂਦਾ ਹੈ, ਤਿਵੇਂ) ਉਹ ਪਰਮਾਤਮਾ ਦੀ ਦਰਗਾਹ ਵਿਚ ਚੋਰ (ਵਾਂਗ) ਬੰਨ੍ਹਿਆ ਜਾਂਦਾ ਹੈ ॥੧॥
8322	194	ਰਾਮੁ ਰਮੈ ਸੋਈ ਰਾਮਾਣਾ॥	(ਰਮੇ)ਵਿਆਪਕ ਬ੍ਰਹਮ ਜੀ ਨੂੰ (ਰਮੇ) ਉਚਾਰ ਰਿਹਾ ਹੈ, (ਰਮੇ) ਵਿਆਪਕ ਚ (ਰਮੇ) ਮਿਲਿ ਰਿਹਾ ਹੈ। (ਰਾਮਾਣਾ) ਰਾਮ ਜੀ ਦਾ	Raam Ramai Soee Raamaanaa ||	Those who remember the Lord belong to the Lord.	(ਹੇ ਭਾਈ!) ਉਹੀ ਮਨੁੱਖ ਰਾਮ ਦਾ (ਸੇਵਕ ਮੰਨਿਆ ਜਾਂਦਾ ਹੈ) ਜੇਹੜਾ ਰਾਮ ਨੂੰ ਸਿਮਰਦਾ ਹੈ।

8323	194	ਜਲਿ ਥਲਿ ਮਹੀਅਲਿ ਏਕੁ ਸਮਾਣਾ॥੧॥ਰਹਾਉ॥	(ਸਮਾਣਾ) ਸਮਾਏ ਹੋਏ	Jal Thhal Meheeal Eaek Samaanaa ||1|| Rehaao ||	The One Lord is contained in the water, the land and the sky. ||1||Pause||	(ਉਸ ਮਨੁੱਖ ਨੂੰ ਨਿਸਚਾ ਹੋ ਜਾਂਦਾ ਹੈ ਕਿ) ਰਾਮ ਜਲ ਵਿਚ, ਧਰਤੀ ਵਿਚ, ਅਕਾਸ਼ ਵਿਚ, ਹਰ ਥਾਂ ਵਿਆਪਕ ਹੈ ॥੧॥ ਰਹਾਉ ॥
8324	194	ਅੰਤਰਿ ਬਿਖੁ ਮੁਖਿ ਅੰਮ੍ਰਿਤੁ ਸੁਣਾਵੈ॥	(ਬਿਖੁ) ਜ਼ਹਰ	Anthar Bikh Mukh Anmrith Sunaavai ||	Their inner beings are filled with poison, and yet with their mouths, they preach words of Ambrosial Nectar.	(ਸਿਮਰਨ-ਹੀਨ ਰਹਿ ਕੇ ਪਰਮਾਤਮਾ ਨੂੰ ਹਰ ਥਾਂ ਵੱਸਦਾ ਨਾਹ ਜਾਣਨ ਵਾਲਾ ਮਨੁੱਖ ਆਪਣੇ ਮੂੰਹ ਨਾਲ (ਲੋਕਾਂ ਨੂੰ) ਆਤਮਕ ਜੀਵਨ ਦੇਣ ਵਾਲਾ ਉਪਦੇਸ਼ ਸੁਣਾਂਦਾ ਹੈ (ਪਰ ਉਸ ਦੇ) ਅੰਦਰ (ਵਿਕਾਰਾਂ ਦੀ) ਜ਼ਹਰ ਹੈ (ਜਿਸ ਨੇ ਉਸ ਦੇ ਆਪਣੇ ਆਤਮਕ ਜੀਵਨ ਨੂੰ ਮਾਰ ਦਿੱਤਾ ਹੈ।
8325	194	ਜਮਪੁਰਿ ਬਾਧਾ ਚੋਟਾ ਖਾਵੈ॥੨॥		Jam Pur Baadhhaa Chottaa Khaavai ||2||	Bound and gagged in the City of Death, they are punished and beaten. ||2||	ਅਜਿਹਾ ਮਨੁੱਖ) ਜਮ ਦੀ ਪੁਰੀ ਵਿਚ ਬੱਝਾ ਹੋਇਆ ਚੋਟਾਂ ਖਾਂਦਾ ਹੈ (ਆਤਮਕ ਮੌਤ ਦੇ ਵੱਸ ਵਿਚ ਪਿਆ ਅਨੇਕਾਂ ਵਿਕਾਰਾਂ ਦੀਆਂ ਸੱਟਾਂ ਸਹਾਰਦਾ ਰਹਿੰਦਾ ਹੈ) ॥੨॥
8326	194	ਅਨਿਕ ਪੜਦੇ ਮਹਿ ਕਮਾਵੈ ਵਿਕਾਰ॥	ਪੜਦੇ: ੜ ਹਲੰਤ ਨ ਲਾਉ	Anik Parradhae Mehi Kamaavai Vikaar ||	Hiding behind many screens, they commit acts of corruption,	(ਸਿਮਰਨ-ਹੀਨ ਮਨੁੱਖ ਪਰਮਾਤਮਾ ਨੂੰ ਅੰਗ-ਸੰਗ ਨਾਹ ਜਾਣਦਾ ਹੋਇਆ) ਅਨੇਕਾਂ ਪਰਦਿਆਂ ਪਿਛੇ (ਲੋਕਾਂ ਤੋਂ ਲੁਕਾ ਕੇ) ਵਿਕਾਰ ਕਰਮ ਕਮਾਂਦਾ ਹੈ,

8327	194	ਖਿਨ ਮਹਿ ਪ੍ਰਗਟ ਹੋਹਿ ਸੰਸਾਰ॥੩॥		Khin Mehi Pragatt Hohi Sansaar ||3||	But in an instant, they are revealed to all the world. ||3||	ਪਰ (ਉਸ ਦੇ ਕੁਕਰਮ) ਜਗਤ ਦੇ ਅੰਦਰ ਇਕ ਖਿਨ ਵਿਚ ਹੀ ਪਰਗਟ ਹੋ ਜਾਂਦੇ ਹਨ ॥੩॥
8328	194	ਅੰਤਰਿ ਸਾਚਿ ਨਾਮਿ ਰਸਿ ਰਾਤਾ॥		Anthar Saach Naam Ras Raathaa ||	Those whose inner beings are true, who are attuned to the ambrosial essence of the Naam, the Name of the Lord	ਜੇਹੜਾ ਮਨੁੱਖ ਆਪਣੇ ਅੰਦਰ ਸਦਾ-ਥਿਰ ਹਰਿ-ਨਾਮ ਵਿਚ ਜੁੜਿਆ ਰਹਿੰਦਾ ਹੈ, ਪਰਮਾਤਮਾ ਦੇ ਪ੍ਰੇਮ-ਰਸ ਵਿਚ ਭਿੱਜਾ ਰਹਿੰਦਾ ਹੈ,
8329	194	ਨਾਨਕ ਤਿਸੁ ਕਿਰਪਾਲੁ ਬਿਧਾਤਾ॥੪॥੭੧॥੧੪੦॥	ਬਿ-ਧਾਤਾ	Naanak This Kirapaal Bidhhaathaa ||4||71||140||	- O Nanak, the Lord, the Architect of Destiny, is merciful to them. ||4||71||140||	ਹੇ ਨਾਨਕ! ਸਿਰਜਣਹਾਰ ਪ੍ਰਭੂ ਉਸ ਉਤੇ ਦਇਆਵਾਨ ਹੁੰਦਾ ਹੈ ॥੪॥੭੧॥੧੪੦॥
8330	194	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8331	194	ਰਾਮ ਰੰਗੁ ਕਦੇ ਉਤਰਿ ਨ ਜਾਇ॥		Raam Rang Kadhae Outhar N Jaae ||	The Lord's Love shall never leave or depart.	(ਹੇ ਭਾਈ!) ਪਰਮਾਤਮਾ ਦੇ ਪਿਆਰ ਦਾ ਰੰਗ (ਜੇ ਕਿਸੇ ਵਡਭਾਗੀ ਦੇ ਮਨ ਉਤੇ ਚੜ੍ਹ ਜਾਏ ਤਾਂ ਫਿਰ) ਕਦੇ (ਉਸ ਮਨ ਤੋਂ) ਉਤਰਦਾ ਨਹੀਂ, ਦੂਰ ਨਹੀਂ ਹੁੰਦਾ,
8332	194	ਗੁਰੁ ਪੂਰਾ ਜਿਸੁ ਦੇਇ ਬੁਝਾਇ॥੧॥		Gur Pooraa Jis Dhaee Bujhaae ||1||	They alone understand, unto whom the Perfect Guru gives it. ||1||	(ਪਰ) ਪੂਰਾ ਗੁਰੂ ਜਿਸ ਮਨ ਨੂੰ ਇਸ ਦੀ ਸੂਝ ਬਖ਼ਸ਼ ਦੇਵੇ ॥੧॥

8333	194	ਹਰਿ ਰੰਗਿ ਰਾਤਾ ਸੋ ਮਨੁ ਸਾਚਾ॥		Har Rang Raathaa So Man Saachaa ||	Do not suffer pain, even in dreams. ||1||Pause||	ਜੇਹੜਾ ਮਨ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਜਾਂਦਾ ਹੈ, ਉਸ ਉਤੇ (ਮਾਇਆ ਦਾ) ਕੋਈ ਹੋਰ ਰੰਗ ਆਪਣਾ ਅਸਰ ਨਹੀਂ ਪਾ ਸਕਦਾ,
8334	194	ਲਾਲ ਰੰਗ ਪੂਰਨ ਪੁਰਖੁ ਬਿਧਾਤਾ॥੧॥ਰਹਾਉ ॥		Laal Rang Pooran Purakh Bidhhaathaa ||1|| Rehaao ||	The Love of the Beloved, the Architect of Destiny, is perfect. ||1||Pause||	ਉਹ (ਮਾਨੋ) ਗੂੜ੍ਹੇ ਲਾਲ ਰੰਗ ਵਾਲਾ ਹੋ ਜਾਂਦਾ ਹੈ, ਉਹ ਸਰਬ-ਵਿਆਪਕ ਸਿਰਜਣਹਾਰ ਦਾ ਰੂਪ ਹੋ ਜਾਂਦਾ ਹੈ ॥੧॥ ਰਹਾਉ ॥
8335	194	ਸੰਤਹ ਸੰਗਿ ਬੈਸਿ ਗੁਨ ਗਾਇ॥		Santheh Sang Bais Gun Gaae ||	Sitting in the Society of the Saints, sing the Glorious Praises of the Lord.	(ਹੇ ਭਾਈ! ਜੇਹੜਾ ਮਨੁੱਖ) ਸੰਤ ਜਨਾਂ ਦੀ ਸੰਗਤਿ ਵਿਚ ਬੈਠ ਕੇ ਪਰਮਾਤਮਾ ਦੇ ਗੁਣ ਗਾਂਦਾ ਹੈ (ਸਿਫ਼ਤ-ਸਾਲਾਹ ਕਰਦਾ ਹੈ,
8336	194	ਤਾ ਕਾ ਰੰਗੁ ਨ ਉਤਰੈ ਜਾਇ॥੨॥		Thaa Kaa Rang N Outharai Jaae ||2||	The color of His Love shall never fade away. ||2||	ਉਸ ਦੇ ਮਨ ਨੂੰ ਪਰਮਾਤਮਾ ਦੇ ਪਿਆਰ ਦਾ ਰੰਗ ਚੜ੍ਹ ਜਾਂਦਾ ਹੈ, ਤੇ) ਉਸ ਦਾ ਉਹ ਰੰਗ ਕਦੇ ਨਹੀਂ ਉਤਰਦਾ, ਕਦੇ ਨਹੀਂ ਲਹਿੰਦਾ ॥੨॥
8337	194	ਬਿਨੁ ਹਰਿ ਸਿਮਰਨ ਸੁਖੁ ਨਹੀ ਪਾਇਆ॥		Bin Har Simaran Sukh Nehee Paaeiaa ||	Without meditating in remembrance on the Lord, peace is not found.	(ਹੇ ਭਾਈ!) ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ (ਕਦੇ ਕਿਸੇ ਨੇ) ਆਤਮਕ ਆਨੰਦ ਨਹੀਂ ਲੱਭਾ।

8338	194	ਆਨ ਰੰਗ ਫੀਕੇ ਸਭ ਮਾਇਆ॥੩॥		Aan Rang Feekae Sabh Maaeiaa ||3||	All the other loves and tastes of Maya are bland and insipid. ||3||	(ਹੇ ਭਾਈ!) ਮਾਇਆ (ਦੇ ਸੁਆਦਾਂ) ਦੇ ਹੋਰ ਹੋਰ ਰੰਗ ਸਭ ਉਤਰ ਜਾਂਦੇ ਹਨ (ਮਾਇਆ ਦੇ ਸੁਆਦਾਂ ਤੋਂ ਮਿਲਣ ਵਾਲੇ ਸੁਖ ਹੋਛੇ ਹੁੰਦੇ ਹਨ ॥੩॥
8339	194	ਗੁਰਿ ਰੰਗੇ ਸੇ ਭਏ ਨਿਹਾਲ॥		Gur Rangae Sae Bheae Nihaal ||	Those who are imbued with love by the Guru become happy.	ਜਿਨ੍ਹਾਂ ਨੂੰ ਗੁਰੂ ਨੇ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗ ਦਿੱਤਾ ਹੈ, ਉਹ ਸਦਾ ਖਿੜੇ ਜੀਵਨ ਵਾਲੇ ਰਹਿੰਦੇ ਹਨ।
8340	194	ਕਹੁ ਨਾਨਕ ਗੁਰ ਭਏ ਹੈ ਦਇਆਲ॥੪॥੭੨॥ ੧੪੧॥		Kahu Naanak Gur Bheae Hai Dhaeiaal ||4||72||141||	Says Nanak, the Guru has become merciful to them. ||4||72||141||	ਨਾਨਕ ਆਖਦਾ ਹੈ- ਉਨ੍ਹਾਂ ਉਤੇ ਸਤਿਗੁਰੂ ਜੀ ਦਇਆਵਾਨ ਹੁੰਦੇ ਹਨ ॥੪॥੭੨॥੧੪੧॥
8341	194	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8342	194	ਸਿਮਰਤ ਸੁਆਮੀ ਕਿਲਵਿਖ ਨਾਸੇ॥	(ਕਿਲਵਿਖ) ਪਾਪ	Simarath Suaamee Kilavikh Naasae ||	Meditating in remembrance on the Lord Master, sinful mistakes are erased,	(ਹੇ ਭਾਈ!) ਮਾਲਕ-ਪ੍ਰਭੂ ਦਾ ਨਾਮ ਸਿਮਰਦਿਆਂ (ਪਰਮਾਤਮਾ ਦੇ ਸੇਵਕਾਂ ਦੇ ਸਾਰੇ) ਪਾਪ ਨਾਸ ਹੋ ਜਾਂਦੇ ਹਨ,
8343	194	ਸੂਖ ਸਹਜ ਆਨੰਦ ਨਿਵਾਸੇ॥੧॥		Sookh Sehaj Aanandh Nivaasae ||1||	And one comes to abide in peace, celestial joy and bliss. ||1||	(ਉਹਨਾਂ ਦੇ ਅੰਦਰ) ਆਤਮਕ ਅਡੋਲਤਾ ਦੇ ਸੁਖਾਂ ਆਨੰਦਾਂ ਦਾ ਨਿਵਾਸ ਬਣਿਆ ਰਹਿੰਦਾ ਹੈ ॥੧॥

8344	194	ਰਾਮ ਜਨਾ ਕਉ ਰਾਮ ਭਰੋਸਾ॥		Raam Janaa Ko Raam Bharosaa ||	It alone shall be of use to your soul. ||1||Pause||	(ਹੇ ਭਾਈ!) ਪਰਮਾਤਮਾ ਦੇ ਸੇਵਕਾਂ ਨੂੰ (ਹਰ ਵੇਲੇ) ਪਰਮਾਤਮਾ (ਦੀ ਸਹਾਇਤਾ) ਦਾ ਭਰੋਸਾ ਬਣਿਆ ਰਹਿੰਦਾ ਹੈ।
8345	194	ਨਾਮੁ ਜਪਤ ਸਭੁ ਮਿਟਿਓ ਅੰਦੇਸਾ॥੧॥ਰਹਾਉ॥	(ਅੰਦੇਸਾ) ਸੰਸਾ, ਫ਼ਿਕਰ	Naam Japath Sabh Mittiou Andhaesaa ||1|| Rehaao ||	Chanting the Naam, the Name of the Lord, all anxieties are dispelled. ||1||Pause||	(ਇਸ ਵਾਸਤੇ) ਪਰਮਾਤਮਾ ਦਾ ਨਾਮ ਜਪਦਿਆਂ (ਉਹਨਾਂ ਦੇ ਅੰਦਰੋਂ) ਹਰੇਕ ਫ਼ਿਕਰ ਮਿਟਿਆ ਰਹਿੰਦਾ ਹੈ ॥੧॥ ਰਹਾਉ ॥
8346	194	ਸਾਧਸੰਗਿ ਕਛੁ ਭਉ ਨ ਭਰਾਤੀ॥	(ਭਰੱਾਤੀ) ਭਰਮ	Saadhhasang Kashh Bho N Bharaathee ||	In the Saadh Sangat, the Company of the Holy, there is no fear or doubt.	(ਹੇ ਭਾਈ!) ਸਾਧ ਸੰਗਤਿ ਵਿਚ ਰਹਿਣ ਕਰਕੇ (ਪਰਮਾਤਮਾ ਦੇ ਸੇਵਕਾਂ ਨੂੰ) ਕੋਈ ਡਰ ਨਹੀਂ ਪੋਹ ਸਕਦਾ ਕੋਈ ਭਟਕਣਾ ਨਹੀਂ ਪੋਹ ਸਕਦੀ,
8347	194	ਗੁਣ ਗੋਪਾਲ ਗਾਈਅਹਿ ਦਿਨੁ ਰਾਤੀ॥੨॥		Gun Gopaal Gaaeeahi Dhin Raathee ||2||	The Glorious Praises of the Lord are sung there, day and night. ||2||	(ਕਿਉਂਕਿ ਪਰਮਾਤਮਾ ਦੇ ਸੇਵਕਾਂ ਦੇ ਹਿਰਦੇ ਵਿਚ) ਦਿਨ ਰਾਤ ਗੋਪਾਲ-ਪ੍ਰਭੂ ਦੇ ਗੁਣ ਗਾਏ ਜਾਂਦੇ ਹਨ (ਉਹਨਾਂ ਦੇ ਅੰਦਰ ਹਰ ਵੇਲੇ ਸਿਫ਼ਤ-ਸਾਲਾਹ ਟਿਕੀ ਰਹਿੰਦੀ ਹੈ ॥੨॥
8348	194	ਕਰਿ ਕਿਰਪਾ ਪ੍ਰਭ ਬੰਧਨ ਛੋਟ॥		Kar Kirapaa Prabh Bandhhan Shhott ||	Granting His Grace, God has released me from bondage.	(ਹੇ ਭਾਈ!) ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਦੇਣ ਵਾਲੇ ਪ੍ਰਭੂ ਜੀ ਨੇ ਮਿਹਰ ਕਰ ਕੇ-

8349	194	ਚਰਣਕਮਲ ਕੀ ਦੀਨੀ ਓਟ॥੩॥		Charan Kamal Kee Dheenee Outt ||3||	He has given me the Support of His Lotus Feet. ||3||	(ਆਪਣੇ ਸੇਵਕਾਂ ਨੂੰ ਆਪਣੇ) ਸੋਹਣੇ ਚਰਨਾਂ ਦਾ ਸਹਾਰਾ (ਸਦਾ) ਬਖ਼ਸ਼ਿਆ ਹੁੰਦਾ ਹੈ ॥੩॥
8350	194	ਕਹੁ ਨਾਨਕ ਮਨਿ ਭਈ ਪਰਤੀਤਿ॥		Kahu Naanak Man Bhee Paratheeth ||	Says Nanak, faith comes into the mind of His servant,	(ਇਸ ਵਾਸਤੇ) ਨਾਨਕ ਆਖਦਾ ਹੈ- (ਪਰਮਾਤਮਾ ਦੇ ਸੇਵਕਾਂ ਦੇ) ਮਨ ਵਿਚ (ਪਰਮਾਤਮਾ ਦੀ ਓਟ ਆਸਰੇ ਦਾ) ਨਿਸ਼ਚਾ ਬਣਿਆ ਰਹਿੰਦਾ ਹੈ,
8351	194	ਨਿਰਮਲ ਜਸੁ ਪੀਵਹਿ ਜਨ ਨੀਤਿ॥੪॥੭੩॥੧੪੨॥		Niramal Jas Peevehi Jan Neeth ||4||73||142||	Who continually drinks in the Immaculate Praises of the Lord. ||4||73||142||	ਤੇ ਪਰਮਾਤਮਾ ਦੇ ਸੇਵਕ ਸਦਾ (ਜੀਵਨ ਨੂੰ) ਪਵਿਤ੍ਰ ਕਰਨ ਵਾਲਾ ਸਿਫ਼ਤ-ਸਾਲਾਹ ਦਾ ਅੰਮ੍ਰਿਤ ਪੀਂਦੇ ਰਹਿੰਦੇ ਹਨ ॥੪॥੭੩॥੧੪੨॥
8352	194	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8353	194	ਹਰਿ ਚਰਣੀ ਜਾ ਕਾ ਮਨੁ ਲਾਗਾ॥		Har Charanee Jaa Kaa Man Laagaa ||	I have enshrined the Lotus Feet of God within my heart.	(ਹੇ ਭਾਈ! ਪਰਮਾਤਮਾ ਦੀ ਮਿਹਰ ਨਾਲ) ਜਿਸ ਮਨੁੱਖ ਦਾ ਮਨ ਪਰਮਾਤਮਾ ਦੇ ਚਰਨਾਂ ਵਿਚ ਪਰਚ ਜਾਂਦਾ ਹੈ,
8354	194	ਦੂਖੁ ਦਰਦੁ ਭ੍ਰਮੁ ਤਾ ਕਾ ਭਾਗਾ॥੧॥		Dhookh Dharadh Bhram Thaa Kaa Bhaagaa ||1||	- pain, suffering and doubt run away from them. ||1||	ਉਸ ਦਾ ਹਰੇਕ ਦੁੱਖ ਦਰਦ ਦੂਰ ਹੋ ਜਾਂਦਾ ਹੈ, ਉਸ ਦੀ (ਮਾਇਆ ਆਦਿਕ ਵਾਲੀ) ਭਟਕਣਾ ਮੁੱਕ ਜਾਂਦੀ ਹੈ ॥੧॥

8355	194	ਹਰਿ ਧਨ ਕੋ ਵਾਪਾਰੀ ਪੂਰਾ॥		Har Dhhan Ko Vaapaaree Pooraa ||	Sing the Glorious Praises of the Lord of the Universe, O my Siblings of Destiny.	(ਹੇ ਭਾਈ!) ਪਰਮਾਤਮਾ ਦੇ ਨਾਮ-ਧਨ ਦਾ ਵਣਜ ਕਰਨ ਵਾਲਾ ਮਨੁੱਖ ਅਡੋਲ ਹਿਰਦੇ ਦਾ ਮਾਲਕ ਬਣ ਜਾਂਦਾ ਹੈ (ਉਸ ਉਤੇ ਕੋਈ ਵਿਕਾਰ ਆਪਣਾ ਪ੍ਰਭਾਵ ਨਹੀਂ ਪਾ ਸਕਦਾ, ਕਿਉਂਕਿ)
8356	194	ਜਿਸਹਿ ਨਿਵਾਜੇ ਸੋ ਜਨੁ ਸੂਰਾ॥੧॥ਰਹਾਉ॥		Jisehi Nivaajae So Jan Sooraa ||1|| Rehaao ||	Those who are honored by the Lord are the true spiritual heroes. ||1||Pause||	ਜਿਸ ਮਨੁੱਖ ਉੱਤੇ ਪਰਮਾਤਮਾ ਆਪਣੇ ਨਾਮ-ਧਨ ਦੀ ਦਾਤ ਦੀ ਮਿਹਰ ਕਰਦਾ ਹੈ ਉਹ ਮਨੁੱਖ (ਵਿਕਾਰਾਂ ਦੇ ਟਾਕਰੇ ਤੇ) ਸੂਰਮਾ ਬਣ ਜਾਂਦਾ ਹੈ ॥੧॥ ਰਹਾਉ ॥
8357	194	ਜਾ ਕਉ ਭਏ ਕ੍ਰਿਪਾਲ ਗੁਸਾਈ॥	ਗੁਸਾਂਈਂ	Jaa Ko Bheae Kirapaal Gusaaee ||	Those humble beings, unto whom the Lord of the Universe shows mercy,	(ਪਰ ਹੇ ਭਾਈ! ਨਾਮ-ਧਨ ਦੀ ਦਾਤ ਗੁਰੂ ਰਾਹੀਂ ਮਿਲਦੀ ਹੈ ਤੇ), ਜਿਨ੍ਹਾਂ ਮਨੁੱਖਾਂ ਉਤੇ ਧਰਤੀ ਦੇ ਮਾਲਕ-ਪ੍ਰਭੂ ਜੀ ਦਇਆਵਾਨ ਹੁੰਦੇ ਹਨ,
8358	194	ਸੇ ਜਨ ਲਾਗੇ ਗੁਰ ਕੀ ਪਾਈ॥੨॥	(ਪਾਈ) ਚਰਨੀ	Sae Jan Laagae Gur Kee Paaee ||2||	When one receives the banner of the Naam from the True Guru. ||2||	ਉਹ ਮਨੁੱਖ ਗੁਰੂ ਦੀ ਚਰਨੀਂ ਆ ਲੱਗਦੇ ਹਨ (ਗੁਰੂ ਦੀ ਸਰਨ ਪੈਂਦੇ ਹਨ) ॥੨॥
8359	194	ਸੂਖ ਸਹਜ ਸਾਂਤਿ ਆਨੰਦਾ॥		Sookh Sehaj Saanth Aanandhaa ||	They are blessed with peace, celestial bliss, tranquility and ecstasy;	(ਹੇ ਭਾਈ!) ਉਹਨਾਂ ਦੇ ਅੰਦਰ ਸਦਾ ਸੁਖ ਸ਼ਾਂਤੀ ਤੇ ਆਤਮਕ ਅਡੋਲਤਾ ਦੇ ਆਨੰਦ ਬਣੇ ਰਹਿੰਦੇ ਹਨ।

8360	194	ਜਪਿ ਜਪਿ ਜੀਵੇ ਪਰਮਾਨੰਦਾ॥੩॥		Jap Jap Jeevae Paramaanandhaa ||3||	Chanting and meditating, they live in supreme bliss. ||3||	ਸਭ ਤੋਂ ਉੱਚੇ ਆਤਮਕ ਆਨੰਦ ਦੇ ਮਾਲਕ-ਪ੍ਰਭੂ ਨੂੰ ਸਿਮਰ ਸਿਮਰ ਕੇ ਮਨੁੱਖ ਆਤਮਕ ਜੀਵਨ ਹਾਸਲ ਕਰ ਲੈਂਦੇ ਹਨ ॥੩॥
8361	194	ਨਾਮ ਰਾਸਿ ਸਾਧ ਸੰਗਿ ਖਾਟੀ॥	(ਰਾਸਿ) ਪੂੰਜੀ, ਧਨ। (ਖਾਟੀ) ਖੱਟੀ, ਕਮਾਈ	Naam Raas Saadhh Sang Khaattee ||	In the Saadh Sangat, I have earned the wealth of the Naam.	ਜਿਸ ਮਨੁੱਖ ਨੇ ਸਾਧ ਸੰਗਤਿ ਵਿਚ ਟਿਕ ਕੇ ਪਰਮਾਤਮਾ ਦੇ ਨਾਮ-ਧਨ ਦਾ ਸਰਮਾਇਆ ਕਮਾ ਲਿਆ ਹੈ,
8362	194	ਕਹੁ ਨਾਨਕ ਪ੍ਰਭਿ ਅਪਦਾ ਕਾਟੀ॥੪॥੭੪॥੧੪੩॥	(ਅਪਦਾ) ਮੁਸੀਬਤ	Kahu Naanak Prabh Apadhaa Kaattee ||4||74||143||	Says Nanak, God has relieved my pain. ||4||74||143||	ਨਾਨਕ ਆਖਦਾ ਹੈ- ਪਰਮਾਤਮਾ ਨੇ ਉਸ ਦੀ ਹਰੇਕ ਕਿਸਮ ਦੀ ਬਿਪਤਾ ਦੂਰ ਕਰ ਦਿੱਤੀ ਹੈ ॥੪॥੭੪॥੧੪੩॥
8363	194	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8364	194	ਹਰਿ ਸਿਮਰਤ ਸਭਿ ਮਿਟਹਿ ਕਲੇਸ॥		Har Simarath Sabh Mittehi Kalaes ||	Meditating in remembrance on the Lord, all suffering is eradicated.	(ਹੇ ਭਾਈ!) ਪਰਮਾਤਮਾ ਦਾ ਨਾਮ ਸਿਮਰਿਆਂ ਮਨ ਦੇ ਸਾਰੇ ਕਲੇਸ਼ ਮਿਟ ਜਾਂਦੇ ਹਨ।
8365	194	ਚਰਣਕਮਲ ਮਨ ਮਹਿ ਪਰਵੇਸ॥੧॥		Charan Kamal Man Mehi Paravaes ||1||	Chanting and meditating on the Name of the True Guru, I live. ||1||	ਆਪਣੇ ਮਨ ਵਿਚ ਪਰਮਾਤਮਾ ਦੇ ਸੋਹਣੇ ਚਰਨ ਵਸਾਈ ਰੱਖ ॥੧॥
8366	194	ਉਚਰਹੁ ਰਾਮ ਨਾਮੁ ਲਖ ਬਾਰੀ॥	(ਉੱਚਰਹੁ) ਜਪੋ। ਲੱਖ	Oucharahu Raam Naam Lakh Baaree ||	O Supreme Lord God, O Perfect Divine Guru,	ਹੇ ਪਿਆਰੀ ਜੀਭ! ਲੱਖਾਂ ਵਾਰੀ ਪਰਮਾਤਮਾ ਦਾ ਨਾਮ ਉਚਾਰਦੀ ਰਹੁ,

8367	194	ਅੰਮ੍ਰਿਤ ਰਸੁ ਪੀਵਹੁ ਪ੍ਰਭ ਪਿਆਰੀ॥੧॥ਰਹਾਉ ॥		Anmrith Ras Peevahu Prabh Piaaree ||1|| Rehaao ||	And drink deeply of the Ambrosial Essence of God. ||1||Pause||	ਤੇ ਪਰਮਾਤਮਾ ਦਾ ਆਤਮਕ ਜੀਵਨ ਵਾਲਾ ਨਾਮ-ਰਸ ਪੀਂਦੀ ਰਹੁ ॥੧॥ ਰਹਾਉ ॥
8368	194	ਸੂਖ ਸਹਜ ਰਸ ਮਹਾ ਅਨੰਦਾ॥		Sookh Sehaj Ras Mehaa Anandhaa ||	Peace, celestial bliss, pleasures and the greatest ecstasy are obtained;	(ਹੇ ਭਾਈ! ਜੇਹੜੇ ਮਨੁੱਖ ਸਭ ਤੋਂ ਸ੍ਰੇਸ਼ਟ ਆਤਮਕ ਆਨੰਦ ਦੇ ਮਾਲਕ-ਪ੍ਰਭੂ ਦਾ ਨਾਮ ਜਪਦੇ ਹਨ,
8369	194	ਜਪਿ ਜਪਿ ਜੀਵੇ ਪਰਮਾਨੰਦਾ॥੨॥		Jap Jap Jeevae Paramaanandhaa ||2||	Chanting and meditating, you shall live in supreme bliss. ||2||	ਉਹ ਆਤਮਕ ਜੀਵਨ ਹਾਸਲ ਕਰ ਲੈਂਦੇ ਹਨ, ਉਹਨਾਂ ਦੇ ਅੰਦਰ ਆਤਮਕ ਅਡੋਲਤਾ ਦੇ ਵੱਡੇ ਸੁਖ ਆਨੰਦ ਬਣੇ ਰਹਿੰਦੇ ਹਨ ॥੨॥
8370	194	ਕਾਮ ਕ੍ਰੋਧ ਲੋਭ ਮਦ ਖੋਏ॥	ਮਦ:ਪੋਲਾ ਬੋਲੋ। (ਮਦ) ਹੰਕਾਰ	Kaam Krodhh Lobh Madh Khoeae ||	Sexual desire, anger, greed and ego are eradicated;	(ਹੇ ਭਾਈ! ਨਾਮ-ਰਸ ਪੀਣ ਵਾਲੇ ਮਨੁੱਖ ਆਪਣੇ ਅੰਦਰੋਂ) ਕਾਮ, ਕਰੋਧ, ਲੋਭ, ਅਹੰਕਾਰ (ਆਦਿਕ ਵਿਕਾਰ) ਨਾਸ ਕਰ ਲੈਂਦੇ ਹਨ।
8371	194	ਸਾਧ ਕੈ ਸੰਗਿ ਕਿਲਬਿਖ ਸਭ ਧੋਏ॥੩॥	(ਕਿਲਬਿਖ) ਪਾਪ	Saadhh Kai Sang Kilabikh Sabh Dhhoeae ||3||	In the Saadh Sangat, the Company of the Holy, all sinful mistakes are washed away. ||3||	ਗੁਰੂ ਦੀ ਸੰਗਤਿ ਵਿਚ ਰਹਿ ਕੇ ਉਹ (ਆਪਣੇ ਮਨ ਵਿਚੋਂ) ਸਾਰੇ ਪਾਪ ਧੋ ਲੈਂਦੇ ਹਨ ॥੩॥
8372	194	ਕਰਿ ਕਿਰਪਾ ਪ੍ਰਭ ਦੀਨ ਦਇਆਲਾ॥		Kar Kirapaa Prabh Dheen Dhaeiaalaa ||	Grant Your Grace, O God, O Merciful to the meek.	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! ਮਿਹਰ ਕਰ,

8373	194	ਨਾਨਕ ਦੀਜੈ ਸਾਧ ਰਵਾਲਾ॥੪॥੭੫॥੧੪੪॥	(ਰਵਾਲਾ) ਚਰਨ ਧੂੜ	Naanak Dheejai Saadhh Ravaalaa ||4||75||144||	Please bless Nanak with the dust of the feet of the Holy. ||4||75||144||	ਤੇ ਨਾਨਕ ਨੂੰ ਗੁਰੂ ਦੇ ਚਰਨਾਂ ਦੀ ਧੂੜ ਬਖ਼ਸ਼ ॥੪॥੭੫॥੧੪੪॥
8374	195	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8375	195	ਜਿਸ ਕਾ ਦੀਆ ਪੈਨੈ ਖਾਇ॥		Jis Kaa Dheeaa Painai Khaae ||	They wear and eat the gifts from the Lord;	ਹੇ ਮਾਂ! ਜਿਸ ਪਰਮਾਤਮਾ ਦਾ ਦਿੱਤਾ ਹੋਇਆ (ਅੰਨ) ਮਨੁੱਖ ਖਾਂਦਾ ਹੈ, (ਦਿੱਤਾ ਹੋਇਆ ਕੱਪੜਾ ਮਨੁੱਖ) ਪਹਿਨਦਾ ਹੈ,
8376	195	ਤਿਸੁ ਸਿਉ ਆਲਸੁ ਕਿਉ ਬਨੈ ਮਾਇ॥੧॥	(ਮਾਇ) ਮਾਤਾ ਪਿਤਾ ਅਕਾਲ ਪੁਰਖ ਜੀ	This Sio Aalas Kio Banai Maae ||1||	How can laziness help them, O mother? ||1||	ਉਸ ਦੀ ਯਾਦ ਵਲੋਂ ਆਲਸ ਕਰਨਾ ਕਿਸੇ ਤਰ੍ਹਾਂ ਭੀ ਫਬਦਾ ਨਹੀਂ ॥੧॥
8377	195	ਖਸਮੁ ਬਿਸਾਰਿ ਆਨ ਕੰਮਿ ਲਾਗਹਿ॥		Khasam Bisaar Aan Kanm Laagehi ||	Forgetting her Husband Lord, and attaching herself to other affairs,	(ਹੇ ਭਾਈ! ਜੇਹੜੇ ਮਨੁੱਖ) ਮਾਲਕ-ਪ੍ਰਭੂ (ਦੀ ਯਾਦ) ਭੁਲਾ ਕੇ ਹੋਰ ਹੋਰ ਕੰਮ ਵਿਚ ਰੁੱਝੇ ਰਹਿੰਦੇ ਹਨ,
8378	195	ਕਉਡੀ ਬਦਲੇ ਰਤਨੁ ਤਿਆਗਹਿ॥੧॥ਰਹਾਉ॥		Kouddee Badhalae Rathan Thiaagehi ||1|| Rehaao ||	The soul-bride throws away the precious jewel in exchange for a mere shell. ||1||Pause||	ਉਹ ਨਕਾਰੀ ਮਾਇਆ ਦੇ ਵੱਟੇ ਵਿਚ ਆਪਣਾ ਕੀਮਤੀ ਮਨੁੱਖਾ ਜਨਮ ਗਵਾ ਲੈਂਦੇ ਹਨ। (ਉਹ ਰਤਨ ਤਾਂ ਸੁੱਟ ਦੇਂਦੇ ਹਨ, ਪਰ ਕਉਡੀ ਨੂੰ ਸਾਂਭਦੇ ਹਨ) ॥੧॥ ਰਹਾਉ ॥

8379	195	ਪ੍ਰਭੂ ਤਿਆਗਿ ਲਾਗਤ ਅਨ ਲੋਭਾ॥	(ਅਨ) ਹੋਰ	Prabhoo Thiaag Laagath An Lobhaa ||	Forsaking God, she is attached to other desires.	(ਹੇ ਭਾਈ!) ਪਰਮਾਤਮਾ ਨੂੰ ਛੱਡ ਕੇ ਹੋਰ (ਪਦਾਰਥਾਂ ਦੇ) ਲੋਭ ਵਿਚ ਲੱਗਿਆਂ,
8380	195	ਦਾਸਿ ਸਲਾਮੁ ਕਰਤ ਕਤ ਸੋਭਾ॥੨॥	ਕਤ:ਪੋਲਾ ਬੋਲੋ। (ਕਤ) ਕਿਵੇਂ	Dhaas Salaam Karath Kath Sobhaa ||2||	But who has gained honor by saluting the slave? ||2||	ਤੇ (ਪਰਮਾਤਮਾ ਦੀ) ਦਾਸੀ ਮਾਇਆ ਨੂੰ ਸਲਾਮ ਕੀਤਿਆਂ ਕਿਤੇ ਭੀ ਸੋਭਾ ਨਹੀਂ ਮਿਲ ਸਕਦੀ ॥੨॥
8381	195	ਅੰਮ੍ਰਿਤ ਰਸੁ ਖਾਵਹਿ ਖਾਨ ਪਾਨ॥		Anmrith Ras Khaavehi Khaan Paan ||	They consume food and drink, delicious and sublime as ambrosial nectar.	(ਹੇ ਭਾਈ! ਕੂਕਰ ਬ੍ਰਿਤੀ ਦੇ ਮਨੁੱਖ) ਸੁਆਦਲੇ ਭੋਜਨ ਖਾਂਦੇ ਹਨ, ਚੰਗੇ ਚੰਗੇ ਖਾਣੇ ਖਾਂਦੇ ਹਨ, ਪੀਣ ਵਾਲੀਆਂ ਚੀਜ਼ਾਂ ਪੀਂਦੇ ਹਨ,
8382	195	ਜਿਨਿ ਦੀਏ ਤਿਸਹਿ ਨ ਜਾਨਹਿ ਸੁਆਨ॥੩॥	(ਸੁਆਨ) ਕੁੱਤਾ	Jin Dheeeae Thisehi N Jaanehi Suaan ||3||	But the dog does not know the One who has bestowed these. ||3||	ਪਰ ਜਿਸ ਪਰਮਾਤਮਾ ਨੇ (ਇਹ ਸਾਰੇ ਪਦਾਰਥ) ਦਿੱਤੇ ਹੋਏ ਹਨ ਕੁੱਤੇ (ਦੇ ਸੁਭਾਅ ਵਾਲੇ ਮਨੁੱਖ) ਉਸ ਨੂੰ ਜਾਣਦੇ-ਪਛਾਣਦੇ ਭੀ ਨਹੀਂ ॥੩॥
8383	195	ਕਹੁ ਨਾਨਕ ਹਮ ਲੂਣਹਰਾਮੀ॥		Kahu Naanak Ham Loon Haraamee ||	Says Nanak, I have been unfaithful to my own nature.	ਨਾਨਕ ਆਖਦਾ ਹੈ- ਹੇ ਪ੍ਰਭੂ! ਅਸੀਂ ਜੀਵ ਨਾ-ਸ਼ੁਕਰੇ ਹਾਂ।
8384	195	ਬਖਸਿ ਲੇਹੁ ਪ੍ਰਭ ਅੰਤਰਜਾਮੀ॥੪॥੭੬॥੧੪੫॥		Bakhas Laehu Prabh Antharajaamee ||4||76||145||	Please forgive me, O God, O Searcher of hearts. ||4||76||145||	ਹੇ ਜੀਵਾਂ ਦੇ ਦਿਲ ਜਾਣਨ ਵਾਲੇ ਪ੍ਰਭੂ! ਸਾਨੂੰ ਬਖ਼ਸ਼ ਲੈ ॥੪॥੭੬॥੧੪੫॥

8385	195	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8386	195	ਪ੍ਰਭ ਕੇ ਚਰਨ ਮਨ ਮਾਹਿ ਧਿਆਨੁ॥		Prabh Kae Charan Man Maahi Dhhiaan ||	I meditate on the Feet of God within my mind.	(ਹੇ ਮੇਰੇ ਵੀਰ!) ਆਪਣੇ ਮਨ ਵਿਚ ਪਰਮਾਤਮਾ ਦੇ ਚਰਨਾਂ ਦਾ ਧਿਆਨ ਧਰ।
8387	195	ਸਗਲ ਤੀਰਥ ਮਜਨ ਇਸਨਾਨੁ॥੧॥	ਮੱਜਨ	Sagal Theerathh Majan Eisanaan ||1||	This is my cleansing bath at all the sacred shrines of pilgrimage. ||1||	(ਪ੍ਰਭੂ-ਚਰਨਾਂ ਦਾ ਧਿਆਨ ਹੀ) ਸਾਰੇ ਤੀਰਥਾਂ ਦਾ ਇਸ਼ਨਾਨ ਹੈ ॥੧॥
8388	195	ਹਰਿ ਦਿਨੁ ਹਰਿ ਸਿਮਰਨੁ ਮੇਰੇ ਭਾਈ॥		Har Dhin Har Simaran Maerae Bhaaee ||	Meditate in remembrance on the Lord every day, O my Siblings of Destiny.	ਹੇ ਮੇਰੇ ਵੀਰ! ਸਾਰਾ ਦਿਨ ਸਦਾ ਪਰਮਾਤਮਾ ਦਾ ਸਿਮਰਨ ਕਰਿਆ ਕਰ।
8389	195	ਕੋਟਿ ਜਨਮ ਕੀ ਮਲੁ ਲਹਿ ਜਾਈ॥੧॥ਰਹਾਉ॥		Kott Janam Kee Mal Lehi Jaaee ||1|| Rehaao ||	Thus, the filth of millions of incarnations shall be taken away. ||1||Pause||	(ਜੇਹੜਾ ਮਨੁੱਖ ਪਰਮਾਤਮਾ ਦਾ ਸਿਮਰਨ ਕਰਦਾ ਹੈ ਉਸ ਦੇ) ਕ੍ਰੋੜਾਂ ਜਨਮਾਂ ਦੀ (ਵਿਕਾਰਾਂ ਦੀ) ਮੈਲ ਲਹਿ ਜਾਂਦੀ ਹੈ ॥੧॥ ਰਹਾਉ ॥
8390	195	ਹਰਿ ਕੀ ਕਥਾ ਰਿਦ ਮਾਹਿ ਬਸਾਈ॥		Har Kee Kathhaa Ridh Maahi Basaaee ||	Sitting in the Society of the Saints, sing the Glorious Praises of the Lord.	(ਹੇ ਮੇਰੇ ਭਾਈ! ਜੇਹੜਾ ਮਨੁੱਖ) ਪਰਮਾਤਮਾ ਦੀ ਸਿਫ਼ਤ-ਸਾਲਾਹ ਆਪਣੇ ਹਿਰਦੇ ਵਿਚ ਵਸਾਂਦਾ ਹੈ,

8391	195	ਮਨ ਬਾਂਛਤ ਸਗਲੇ ਫਲ ਪਾਈ॥੨॥		Man Baanshhath Sagalae Fal Paaee ||2||	And you shall obtain all the desires of your mind. ||2||	ਉਹ ਸਾਰੇ ਮਨ-ਲੋੜੀਂਦੇ ਫਲ ਪ੍ਰਾਪਤ ਕਰ ਲੈਂਦਾ ਹੈ ॥੨॥
8392	195	ਜੀਵਨ ਮਰਣੁ ਜਨਮੁ ਪਰਵਾਨੁ॥		Jeevan Maran Janam Paravaan ||	Redeemed is the life, death and birth of those,	(ਹੇ ਭਾਈ!) ਜਨਮ ਤੋਂ ਲੈ ਕੇ ਮੌਤ ਤਕ ਉਸ ਮਨੁੱਖ ਦਾ ਸਾਰਾ ਜੀਵਨ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਹੋ ਜਾਂਦਾ ਹੈ,
8393	195	ਜਾ ਕੈ ਰਿਦੈ ਵਸੈ ਭਗਵਾਨੁ॥੩॥		Jaa Kai Ridhai Vasai Bhagavaan ||3||	Within whose hearts the Lord God abides. ||3||	ਜਿਸ ਮਨੁੱਖ ਦੇ ਹਿਰਦੇ ਵਿਚ ਭਗਵਾਨ ਆ ਵੱਸਦਾ ਹੈ ॥੩॥
8394	195	ਕਹੁ ਨਾਨਕ ਸੇਈ ਜਨ ਪੂਰੇ॥		Kahu Naanak Saeee Jan Poorae ||	Says Nanak, those humble beings are perfect,	ਹੇ ਨਾਨਕ! ਉਹੀ ਮਨੁੱਖ ਸੁੱਧੇ ਜੀਵਨ ਵਾਲੇ ਬਣਦੇ ਹਨ,
8395	195	ਜਿਨਾ ਪਰਾਪਤਿ ਸਾਧੂ ਧੂਰੇ॥੪॥੭੭॥੧੪੬॥		Jinaa Paraapath Saadhhoo Dhhoorae ||4||77||146||	Who are blessed with the dust of the feet of the Holy. ||4||77||146||	ਜਿਨ੍ਹਾਂ ਨੂੰ ਗੁਰੂ ਦੇ ਚਰਨਾਂ ਦੀ ਧੂੜ ਮਿਲ ਜਾਂਦੀ ਹੈ ॥੪॥੭੭॥੧੪੬॥
8396	195	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

8397	195	ਖਾਦਾ ਪੈਨਦਾ ਮੂਕਰਿ ਪਾਇ॥	ਖਾਂਦਾ ਪੈਨ੍ਦਾ	Khaadhaa Painadhaa Mookar Paae ||	They eat and wear what they are given, but still, they deny the Lord.	(ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦੀਆਂ ਬਖ਼ਸ਼ੀਆਂ ਦਾਤਾਂ) ਖਾਂਦਾ ਰਹਿੰਦਾ ਹੈ ਪਹਿਨਦਾ ਰਹਿੰਦਾ ਹੈ ਤੇ ਇਸ ਗੱਲੋਂ ਮੁਕਰਿਆ ਰਹਿੰਦਾ ਹੈ ਕਿ ਇਹ ਪਰਮਾਤਮਾ ਨੇ ਦਿੱਤੀਆਂ ਹਨ,
8398	195	ਤਿਸਨੋ ਜੋਹਹਿ ਦੂਤ ਧਰਮਰਾਇ॥੧॥	(ਜੋਹਹਿ) ਤੱਕਦੇ	This No Johehi Dhooth Dhharamaraae ||1||	The messengers of the Righteous Judge of Dharma shall hunt them down. ||1||	ਉਸ ਮਨੁੱਖ ਨੂੰ ਧਰਮ-ਰਾਜ ਦੇ ਦੂਤ ਆਪਣੀ ਤੱਕ ਵਿਚ ਰੱਖਦੇ ਹਨ (ਭਾਵ, ਉਹ ਮਨੁੱਖ ਸਦਾ ਆਤਮਕ ਮੌਤੇ ਮਰਿਆ ਰਹਿੰਦਾ ਹੈ) ॥੧॥
8399	195	ਤਿਸੁ ਸਿਉ ਬੇਮੁਖੁ ਜਿਨਿ ਜੀਉ ਪਿੰਡੁ ਦੀਨਾ॥		This Sio Baemukh Jin Jeeo Pindd Dheenaa ||	They are unfaithful to the One, who has given them body and soul.	(ਹੇ ਭਾਈ! ਤੂੰ) ਉਸ ਪਰਮਾਤਮਾ (ਦੀ ਯਾਦ) ਵਲੋਂ ਮੂੰਹ ਮੋੜੀ ਬੈਠਾ ਹੈਂ, ਜਿਸ ਨੇ (ਤੈਨੂੰ) ਜਿੰਦ ਦਿੱਤੀ, ਜਿਸ ਨੇ (ਤੈਨੂੰ) ਸਰੀਰ ਦਿੱਤਾ।
8400	195	ਕੋਟਿ ਜਨਮ ਭਰਮਹਿ ਬਹੁ ਜੂਨਾ॥੧॥ਰਹਾਉ॥		Kott Janam Bharamehi Bahu Joonaa ||1|| Rehaao ||	Through millions of incarnations, for so many lifetimes, they wander lost. ||1||Pause||	(ਯਾਦ ਰੱਖ, ਇਥੋਂ ਖੁੰਝ ਕੇ) ਕ੍ਰੋੜਾਂ ਜਨਮਾਂ ਵਿਚ ਅਨੇਕਾਂ ਜੂਨਾਂ ਵਿਚ ਭਟਕਦਾ ਫਿਰੇਂਗਾ ॥੧॥ ਰਹਾਉ ॥
8401	195	ਸਾਕਤ ਕੀ ਐਸੀ ਹੈ ਰੀਤਿ॥		Saakath Kee Aisee Hai Reeth ||	Such is the lifestyle of the faithless cynics;	(ਹੇ ਭਾਈ!) ਮਾਇਆ-ਵੇੜ੍ਹੇ ਮਨੁੱਖ ਦੀ ਜੀਵਨ-ਮਰਯਾਦਾ ਹੀ ਐਸੀ ਹੈ,
8402	195	ਜੋ ਕਿਛੁ ਕਰੈ ਸਗਲ ਬਿਪਰੀਤਿ॥੨॥	(ਬਿਪਰੀਤਿ) ਉਲਟੀ ਰੀਤੀ	Jo Kishh Karai Sagal Bipareeth ||2||	Everything they do is evil. ||2||	ਕਿ ਉਹ ਜੋ ਕੁਝ ਕਰਦਾ ਹੈ ਸਾਰਾ ਬੇ-ਮੁਖਤਾ ਦਾ ਕੰਮ ਹੀ ਕਰਦਾ ਹੈ ॥੨॥

8403	195	ਜੀਉ ਪ੍ਰਾਣ ਜਿਨਿ ਮਨੁ ਤਨੁ ਧਾਰਿਆ॥	(ਧਾਰਿਆ) ਰਚਿਆ	Jeeo Praan Jin Man Than Dhhaariaa ||	Within their minds, they have forgotten that Lord and Master,	(ਹੇ ਭਾਈ!) ਜਿਸ ਪਰਮਾਤਮਾ ਨੇ ਜੀਵ ਦੀ ਜਿੰਦ ਨੂੰ ਮਨ ਨੂੰ ਸਰੀਰ ਨੂੰ (ਆਪਣੀ ਜੋਤਿ ਦਾ) ਸਹਾਰਾ ਦਿੱਤਾ ਹੋਇਆ ਹੈ,
8404	195	ਸੋਈ ਠਾਕੁਰੁ ਮਨਹੁ ਬਿਸਾਰਿਆ॥੩॥		Soee Thaakur Manahu Bisaariaa ||3||	Who created the soul, breath of life, mind and body. ||3||	ਉਸ ਪਾਲਣਹਾਰ ਪ੍ਰਭੂ ਨੂੰ ਸਾਕਤ ਮਨੁੱਖ ਆਪਣੇ ਮਨ ਤੋਂ ਭੁਲਾਈ ਰੱਖਦਾ ਹੈ ॥੩॥
8405	195	ਬਧੇ ਬਿਕਾਰ ਲਿਖੇ ਬਹੁ ਕਾਗਰ॥	(ਕੱਾਗਰ) ਕਾਗਜ਼। ਬਧੇ: ਪੋਲਾ ਬੋਲੋ	Badhhae Bikaar Likhae Bahu Kaagar ||	Their wickedness and corruption have increased - they are recorded in volumes of books.	(ਇਸ ਤਰ੍ਹਾਂ, ਹੇ ਭਾਈ! ਉਸ ਸਾਕਤ ਦੇ ਇਤਨੇ) ਵਿਕਾਰ ਵਧ ਜਾਂਦੇ ਹਨ ਕਿ ਉਹਨਾਂ ਦੇ ਅਨੇਕਾਂ ਦਫ਼ਤਰ ਹੀ ਲਿਖੇ ਜਾਂਦੇ ਹਨ।
8406	195	ਨਾਨਕ ਉਧਰੁ ਕ੍ਰਿਪਾ ਸੁਖਸਾਗਰ॥੪॥	ਔਗੁਣਾਂ ਪਾਪਾਂ ਵਿਕਾਰਾਂ ਜੂਨਾਂ ਤੋਂ (ਉ-ਧਰੁ) ਬਚਾਉ ਜੀ	Naanak Oudhhar Kirapaa Sukh Saagar ||4||	O Nanak, they are saved only by the Mercy of God, the Ocean of peace. ||4||	ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰ ਤੇ ਆਖ-) ਹੇ ਦਇਆ ਦੇ ਸਮੁੰਦਰ! ਹੇ ਸੁਖਾਂ ਦੇ ਸਮੁੰਦਰ! (ਤੂੰ ਆਪ ਸਾਨੂੰ ਜੀਵਾਂ ਨੂੰ ਵਿਕਾਰਾਂ ਤੋਂ) ਬਚਾ ਰੱਖ ॥੪॥
8407	195	ਪਾਰਬ੍ਰਹਮ ਤੇਰੀ ਸਰਣਾਇ॥		Paarabreham Thaeree Saranaae ||	O Supreme Lord God, I have come to Your Sanctuary.	ਹੇ ਪਾਰਬ੍ਰਹਮ ਪ੍ਰਭੂ! ਜੇਹੜੇ ਮਨੁੱਖ (ਤੇਰੀ ਮਿਹਰ ਨਾਲ) ਤੇਰੀ ਸਰਨ ਆਉਂਦੇ ਹਨ,

8408	195	ਬੰਧਨ ਕਾਟਿ ਤਰੈ ਹਰਿ ਨਾਇ॥੧॥ ਰਹਾਉ ਦੂਜਾ॥੭੮॥੧੪੭॥		Bandhhan Kaatt Tharai Har Naae ||1|| Rehaao Dhoojaa ||78||147||	Break my bonds, and carry me across, with the Lord's Name. ||1||Second Pause||78||147||	ਉਹ ਤੇਰੇ ਹਰਿ-ਨਾਮ ਦੀ ਬਰਕਤਿ ਨਾਲ (ਆਪਣੇ ਮਾਇਆ ਦੇ) ਬੰਧਨ ਕੱਟ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ ॥੧॥ਰਹਾਉ ਦੂਜਾ॥੭੮॥੧੪੭॥
8409	195	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8410	195	ਅਪਨੇ ਲੋਭ ਕਉ ਕੀਨੋ ਮੀਤੁ॥		Apanae Lobh Ko Keeno Meeth ||	For their own advantage, they make God their friend.	(ਹੇ ਭਾਈ! ਵੇਖੋ ਗੋਬਿੰਦ ਦੀ ਉਦਾਰਤਾ) ਭਾਵੇਂ ਕੋਈ ਮਨੁੱਖ ਆਪਣੇ ਕਿਸੇ ਲਾਲਚ ਦੀ ਖ਼ਾਤਰ ਉਸ ਨੂੰ ਮਿੱਤਰ ਬਣਾਂਦਾ ਹੈ,
8411	195	ਸਗਲ ਮਨੋਰਥ ਮੁਕਤਿ ਪਦੁ ਦੀਤੁ॥੧॥		Sagal Manorathh Mukath Padh Dheeth ||1||	He fulfills all their desires, and blesses them with the state of liberation. ||1||	(ਫਿਰ ਭੀ ਉਹ ਉਸ ਦੇ) ਸਾਰੇ ਮਨੋਰਥ ਪੂਰੇ ਕਰ ਦੇਂਦਾ ਹੈ (ਤੇ ਉਸ ਨੂੰ) ਉਹ ਆਤਮਕ ਅਵਸਥਾ ਭੀ ਦੇ ਦੇਂਦਾ ਹੈ ਜਿੱਥੇ ਕੋਈ ਵਾਸਨਾ ਪੋਹ ਨਹੀਂ ਸਕਦੀ ॥੧॥
8412	195	ਐਸਾ ਮੀਤੁ ਕਰਹੁ ਸਭੁ ਕੋਇ॥		Aisaa Meeth Karahu Sabh Koe ||	Everyone should make Him such a friend.	(ਹੇ ਭਾਈ!) ਹਰੇਕ ਮਨੁੱਖ ਇਹੋ ਜਿਹਾ (ਇਹੋ ਜਿਹੇ ਪ੍ਰਭੂ ਨੂੰ) ਮਿੱਤਰ ਬਣਾਓ,
8413	195	ਜਾ ਤੇ ਬਿਰਥਾ ਕੋਇ ਨ ਹੋਇ॥੧॥ਰਹਾਉ॥		Jaa Thae Birathhaa Koe N Hoe ||1|| Rehaao ||	No one goes away empty-handed from Him. ||1||Pause||	ਜਿਸ (ਦੇ ਦਰ) ਤੋਂ ਕੋਈ ਖ਼ਾਲੀ ਨਹੀਂ ਰਹਿੰਦਾ ॥੧॥ ਰਹਾਉ ॥

8414	195	ਅਪੁਨੈ ਸੁਆਇ ਰਿਦੈ ਲੈ ਧਾਰਿਆ॥	(ਸੁਆਇ) ਸੁਆਰਥ ਲਈ	Apunai Suaae Ridhai Lai Dhhaariaa ||	For their own purposes, they enshrine the Lord in the heart;	ਜਿਸ ਮਨੁੱਖ ਨੇ (ਉਸ ਗੋਬਿੰਦ ਨੂੰ) ਆਪਣੀ ਗ਼ਰਜ਼ ਵਾਸਤੇ ਭੀ ਆਪਣੇ ਹਿਰਦੇ ਵਿਚ ਲਿਆ ਟਿਕਾਇਆ ਹੈ,
8415	195	ਦੂਖ ਦਰਦ ਰੋਗ ਸਗਲ ਬਿਦਾਰਿਆ॥੨॥	(ਬਿਦਾਰਿਆ) ਨਾਸ ਕੀਤਾ	Dhookh Dharadh Rog Sagal Bidhaariaa ||2||	All pain, suffering and disease are taken away. ||2||	(ਗੋਬਿੰਦ ਨੇ ਉਸ ਦੇ) ਸਾਰੇ ਦੁੱਖ ਦਰਦ ਸਾਰੇ ਰੋਗ ਦੂਰ ਕਰ ਦਿੱਤੇ ਹਨ ॥੨॥
8416	195	ਰਸਨਾ ਗੀਧੀ ਬੋਲਤ ਰਾਮ॥	(ਗੀੱਧੀ) ਰੀਝੀ	Rasanaa Geedhhee Bolath Raam ||	In the Saadh Sangat, I have earned the wealth of the Naam.	(ਹੇ ਭਾਈ!) ਜਿਸ ਮਨੁੱਖ ਦੀ ਜੀਭ ਗੋਬਿੰਦ ਦਾ ਨਾਮ ਉੱਚਾਰਨ ਲਈ ਤਾਂਘ ਕਰਦੀ ਹੈ,
8417	195	ਪੂਰਨ ਹੋਏ ਸਗਲੇ ਕਾਮ॥੩॥		Pooran Hoeae Sagalae Kaam ||3||	And all their works are brought to perfection. ||3||	ਉਸ ਦੇ ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ ॥੩॥
8418	195	ਅਨਿਕ ਬਾਰ ਨਾਨਕ ਬਲਿਹਾਰਾ॥		Anik Baar Naanak Balihaaraa ||	So many times, Nanak is a sacrifice to Him;	ਅਸੀਂ ਆਪਣੇ ਗੋਬਿੰਦ ਤੋਂ ਅਨੇਕਾਂ ਵਾਰੀ ਕੁਰਬਾਨ ਜਾਂਦੇ ਹਾਂ,
8419	195	ਸਫਲ ਦਰਸਨੁ ਗੋਬਿੰਦੁ ਹਮਾਰਾ॥੪॥੭੯॥੧੪੮॥		Safal Dharasan Gobindh Hamaaraa ||4||79||148||	Fruitful is the Blessed Vision, the Darshan, of my Lord of the Universe. ||4||79||148||	ਹੇ ਨਾਨਕ! (ਆਖ-) ਸਾਡਾ ਗੋਬਿੰਦ ਐਸਾ ਹੈ ਕਿ ਉਸ ਦਾ ਦਰਸਨ ਸਾਰੇ ਫਲ ਦੇਂਦਾ ਹੈ ॥੪॥੭੯॥੧੪੮॥
8420	195	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

8421	195	ਕੋਟਿ ਬਿਘਨ ਹਿਰੇ ਖਿਨ ਮਾਹਿ॥	(ਹਿਰੇ) ਨਾਸ ਕਰੇ	Kott Bighan Hirae Khin Maahi ||	Millions of obstacles are removed in an instant,	(ਹੇ ਭਾਈ!) ਉਹਨਾਂ ਦੀ ਜ਼ਿੰਦਗੀ ਦੇ ਰਾਹ ਵਿਚ ਆਉਣ ਵਾਲੀਆਂ ਕ੍ਰੋੜਾਂ ਰੁਕਾਵਟਾਂ ਇਕ ਖਿਨ ਵਿਚ ਨਾਸ ਹੋ ਜਾਂਦੀਆਂ ਹਨ,
8422	195	ਹਰਿ ਹਰਿ ਕਥਾ ਸਾਧਸੰਗਿ ਸੁਨਾਹਿ॥੧॥		Har Har Kathhaa Saadhhasang Sunaahi ||1||	For those who listen to the Sermon of the Lord, Har, Har, in the Saadh Sangat, the Company of the Holy. ||1||	ਜੇਹੜੇ ਮਨੁੱਖ ਸਾਧ ਸੰਗਤਿ ਵਿਚ (ਟਿਕ ਕੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣਦੇ ਹਨ ॥੧॥
8423	195	ਪੀਵਤ ਰਾਮ ਰਸੁ ਅੰਮ੍ਰਿਤ ਗੁਣ ਜਾਸੁ॥	(ਜਾਸੁ) ਜਸ	Peevath Raam Ras Anmrith Gun Jaas ||	Peace, celestial bliss, pleasures and the greatest ecstasy are obtained;	(ਹੇ ਭਾਈ!) ਪਰਮਾਤਮਾ ਦਾ ਨਾਮ-ਰਸ ਪੀਂਦਿਆਂ, ਪਰਮਾਤਮਾ ਦੇ ਆਤਮਕ ਜੀਵਨ ਦੇਣ ਵਾਲੇ ਗੁਣਾਂ ਦਾ ਜਸ ਗਾਂਦਿਆਂ,
8424	195	ਜਪਿ ਹਰਿ ਚਰਣ ਮਿਟੀ ਖੁਧਿ ਤਾਸੁ॥੧॥ਰਹਾਉ॥	(ਖੁਧਿ) ਭੁੱਖ। (ਤਾਸੁ) ਪਿਆਸ। ਮਿਟੀ ਖੁਧਿ: ਪੋਲੇ ਬੋਲੋ	Jap Har Charan Mittee Khudhh Thaas ||1|| Rehaao ||	Chanting and meditating, you shall live in supreme bliss. ||2||	ਪਰਮਾਤਮਾ ਦੇ ਚਰਨ ਜਪ ਕੇ (ਮਾਇਆ ਦੀ) ਭੁੱਖ ਮਿਟ ਜਾਂਦੀ ਹੈ ॥੧॥ ਰਹਾਉ ॥
8425	195	ਸਰਬ ਕਲਿਆਣ ਸੁਖ ਸਹਜ ਨਿਧਾਨ॥	(ਨਿਧਾਨ) ਖਜ਼ਾਨੇ	Sarab Kaliaan Sukh Sehaj Nidhhaan ||	The treasure of all happiness, celestial peace and poise,	ਉਸ ਨੂੰ ਸਾਰੇ ਸੁਖਾਂ ਦੇ ਖ਼ਜ਼ਾਨੇ ਤੇ ਆਤਮਕ ਅਡੋਲਤਾ ਦੇ ਆਨੰਦ ਮਿਲ ਜਾਂਦੇ ਹਨ,
8426	195	ਜਾ ਕੈ ਰਿਦੈ ਵਸਹਿ ਭਗਵਾਨ॥੨॥		Jaa Kai Ridhai Vasehi Bhagavaan ||2||	Are obtained by those, whose hearts are filled with the Lord God. ||2||	ਹੇ ਭਗਵਾਨ! ਜਿਸ ਮਨੁੱਖ ਦੇ ਹਿਰਦੇ ਵਿਚ ਤੂੰ ਵੱਸ ਪੈਂਦਾ ਹੈਂ ॥੨॥

8427	196	ਅਉਖਧ ਮੰਤ੍ਰ ਤੰਤ ਸਭਿ ਛਾਰੁ॥	(ਅਉਖਧ) ਦਵਾਈਆਂ। (ਛਾਰੁ) ਸੁਆਹ	Aoukhadhh Manthr Thanth Sabh Shhaar ||	All medicines and remedies, mantras and tantras are nothing more than ashes.	(ਹੇ ਭਾਈ! ਨਾਮ ਦੇ ਟਾਕਰੇ ਤੇ ਹੋਰ) ਸਾਰੇ ਦਾਰੂ ਸਾਰੇ ਮੰਤਰ ਤੇ ਟੂਣੇ ਤੁੱਛ ਹਨ।
8428	196	ਕਰਣੈਹਾਰੁ ਰਿਦੇ ਮਹਿ ਧਾਰੁ॥੩॥		Karanaihaar Ridhae Mehi Dhhaar ||3||	Enshrine the Creator Lord within your heart. ||3||	ਸਿਰਜਣਹਾਰ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਟਿਕਾਈ ਰੱਖ ॥੩॥
8429	196	ਤਜਿ ਸਭਿ ਭਰਮ ਭਜਿਓ ਪਾਰਬ੍ਰਹਮੁ॥	(ਤਜਿ) ਛੱਡ	Thaj Sabh Bharam Bhajiou Paarabreham ||	Renounce all your doubts, and vibrate upon the Supreme Lord God.	ਜਿਸ ਮਨੁੱਖ ਨੇ ਸਾਰੇ ਭਰਮ ਤਿਆਗ ਕੇ ਪਾਰਬ੍ਰਹਮ ਪ੍ਰਭੂ ਦਾ ਭਜਨ ਕੀਤਾ ਹੈ,
8430	196	ਕਹੁ ਨਾਨਕ ਅਟਲ ਇਹੁ ਧਰਮੁ॥੪॥੮੦॥੧੪੯॥	(ਅ-ਟਲ) ਪੱਕਾ	Kahu Naanak Attal Eihu Dhharam ||4||80||149||	Says Nanak, this path of Dharma is eternal and unchanging. ||4||80||149||	ਨਾਨਕ ਆਖਦਾ ਹੈ- (ਉਸ ਨੇ ਵੇਖ ਲਿਆ ਹੈ ਕਿ ਭਜਨ-ਸਿਮਰਨ ਵਾਲਾ) ਧਰਮ ਐਸਾ ਹੈ ਜੋ ਕਦੇ ਫਲ ਦੇਣੋਂ ਉਕਾਈ ਨਹੀਂ ਖਾਂਦਾ ॥੪॥੮੦॥੧੪੯॥
8431	196	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8432	196	ਕਰਿ ਕਿਰਪਾ ਭੇਟੇ ਗੁਰ ਸੋਈ॥	(ਭੇਟੇ) ਮਿਲੇ	Kar Kirapaa Bhaettae Gur Soee ||	The Lord bestowed His Mercy, and led me to meet the Guru.	(ਪਰ ਹੇ ਭਾਈ!) ਉਹੀ ਮਨੁੱਖ ਗੁਰੂ ਨੂੰ ਮਿਲਦਾ ਹੈ, ਜਿਸ ਉਤੇ ਪਰਮਾਤਮਾ ਕਿਰਪਾ ਕਰਦਾ ਹੈ।

8433	196	ਤਿਤੁ ਬਲਿ ਰੋਗੁ ਨ ਬਿਆਪੈ ਕੋਈ॥੧॥		Thith Bal Rog N Biaapai Koee ||1||	By His power, no disease afflicts me. ||1||	(ਗੁਰੂ ਦੇ ਮਿਲਾਪ ਦੀ ਬਰਕਤਿ ਨਾਲ ਮਨੁੱਖ ਦੇ ਅੰਦਰ ਆਤਮਕ ਬਲ ਪੈਦਾ ਹੁੰਦਾ ਹੈ) ਉਸ ਬਲ ਦੇ ਕਾਰਨ ਕੋਈ ਰੋਗ ਆਪਣਾ ਜ਼ੋਰ ਨਹੀਂ ਪਾ ਸਕਦਾ ॥੧॥
8434	196	ਰਾਮ ਰਮਣ ਤਰਣ ਭੈ ਸਾਗਰ॥	(ਰਮਣ) ਸਿਮਰਨ	Raam Raman Tharan Bhai Saagar ||	Remembering the Lord, I cross over the terrifying world-ocean.	(ਹੇ ਭਾਈ!) ਪਰਮਾਤਮਾ ਦਾ ਸਿਮਰਨ ਕਰਨ ਨਾਲ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ।
8435	196	ਸਰਣਿ ਸੂਰ ਫਾਰੇ ਜਮ ਕਾਗਰ॥੧॥ਰਹਾਉ॥	(ਸੂਰ) ਸੂਰਮੇ ਗੁਰੂ ਜੀ। ਲੇਖੇ ਦੇ (ਕੱਾਗਰ) ਕਾਗਜ਼	Saran Soor Faarae Jam Kaagar ||1|| Rehaao ||	In the Sanctuary of the spiritual warrior, the account books of the Messenger of Death are torn up. ||1||Pause||	ਸੂਰਮੇ ਗੁਰੂ ਦੀ ਸਰਨ ਪਿਆਂ ਜਮਾਂ ਦੇ ਲੇਖੇ ਪਾੜੇ ਜਾਂਦੇ ਹਨ, (ਆਤਮਕ ਮੌਤ ਲਿਆਉਣ ਵਾਲੇ ਸਾਰੇ ਸੰਸਕਾਰ ਮਿਟ ਜਾਂਦੇ ਹਨ) ॥੧॥ ਰਹਾਉ ॥
8436	196	ਸਤਿਗੁਰਿ ਮੰਤ੍ਰੁ ਦੀਓ ਹਰਿ ਨਾਮ॥		Sathigur Manthra Dheeou Har Naam ||	They consume food and drink, delicious and sublime as ambrosial nectar.	(ਹੇ ਭਾਈ! ਜਿਸ ਮਨੁੱਖ ਨੂੰ) ਸਤਿਗੁਰੂ ਨੇ ਪਰਮਾਤਮਾ ਦਾ ਨਾਮ-ਮੰਤ੍ਰ ਦੇ ਦਿੱਤਾ,
8437	196	ਇਹ ਆਸਰ ਪੂਰਨ ਭਏ ਕਾਮ॥੨॥	(ਆਸਰ) ਆਸਰੇ	Eih Aasar Pooran Bheae Kaam ||2||	By this Support, my affairs have been resolved. ||2||	ਇਸ ਨਾਮ-ਮੰਤ੍ਰ ਦੇ ਆਸਰੇ ਉਸ ਦੇ ਸਾਰੇ ਮਨੋਰਥ ਪੂਰੇ ਹੋ ਗਏ ॥੨॥

8438	196	ਜਪ ਤਪ ਸੰਜਮ ਪੂਰੀ ਵਡਿਆਈ॥		Jap Thap Sanjam Pooree Vaddiaaee ||	Meditation, self-discipline, self-control and perfect greatness were obtained when the Merciful Lord,	(ਹੇ ਭਾਈ! ਜਿਸ ਮਨੁੱਖ ਉਤੇ) ਸਤਿਗੁਰੂ ਜੀ ਕਿਰਪਾਲ ਹੋਏ, ਜਿਸ ਦੇ ਮਦਦਗਾਰ ਪ੍ਰਭੂ ਜੀ ਬਣ ਗਏ,
8439	196	ਗੁਰ ਕਿਰਪਾਲ ਹਰਿ ਭਏ ਸਹਾਈ॥੩॥		Gur Kirapaal Har Bheae Sehaaee ||3||	The Guru, became my Help and Support. ||3||	ਉਸ ਨੂੰ ਸਾਰੇ ਜਪਾਂ ਦੀ, ਸਾਰੇ ਤਪਾਂ ਦੀ, ਸਾਰੇ ਸੰਜਮਾਂ ਦੀ ਵਡਿਆਈ ਪ੍ਰਾਪਤ ਹੋ ਗਈ ॥੩॥
8440	196	ਮਾਨ ਮੋਹ ਖੋਏ ਗੁਰਿ ਭਰਮ॥		Maan Moh Khoeae Gur Bharam ||	The Guru has dispelled pride, emotional attachment and superstition.	ਉਸ ਨੂੰ ਪਾਰਬ੍ਰਹਮ ਪ੍ਰਭੂ ਜੀ ਹਰ ਥਾਂ ਵਿਆਪਕ ਦਿੱਸ ਪਏ,
8441	196	ਪੇਖੁ ਨਾਨਕ ਪਸਰੇ ਪਾਰਬ੍ਰਹਮ॥੪॥੮੧॥ ੧੫੦॥	(ਪੇਖੁ) ਦੇਖ। (ਪਸਰੇ) ਵਿਆਪਕ	Paekh Naanak Pasarae Paarabreham ||4||81||150||	Nanak sees the Supreme Lord God pervading everywhere. ||4||81||150||	ਹੇ ਨਾਨਕ! ਵੇਖ, ਗੁਰੂ ਨੇ ਜਿਸ ਮਨੁੱਖ ਦੇ ਅਹੰਕਾਰ ਮੋਹ ਆਦਿਕ ਭਰਮ ਨਾਸ ਕਰ ਦਿੱਤੇ ॥੪॥੮੧॥੧੫੦॥
8442	196	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8443	196	ਬਿਖੈ ਰਾਜ ਤੇ ਅੰਧੁਲਾ ਭਾਰੀ॥	(ਬਿਖੈ) ਵਿਸ਼ੇ	Bikhai Raaj Thae Andhhulaa Bhaaree ||	The blind beggar is better off than the vicious king.	(ਹੇ ਭਾਈ!) ਵਿਸ਼ਿਆਂ ਦੇ ਪ੍ਰਭਾਵ ਨਾਲ (ਮਨੁੱਖ ਵਿਕਾਰਾਂ ਵਿਚ) ਬਹੁਤ ਅੰਨ੍ਹਾ ਹੋ ਜਾਂਦਾ ਹੈ (ਤਦੋਂ ਉਸ ਨੂੰ ਪਰਮਾਤਮਾ ਦਾ ਨਾਮ ਕਦੇ ਭੀ ਨਹੀਂ ਸੁੱਝਦਾ)

8444	196	ਦੁਖਿ ਲਾਗੈ ਰਾਮ ਨਾਮੁ ਚਿਤਾਰੀ॥੧॥	(ਚਿਤਾਰੀ) ਸਿਮਰਨਾ	Dhukh Laagai Raam Naam Chithaaree ||1||	Meditate in remembrance on the Lord every day, O my Siblings of Destiny.	(ਪਰ ਵਿਕਾਰਾਂ ਦੇ ਕਾਰਨ ਜਦੋਂ ਉਹ) ਦੁੱਖ ਵਿਚ ਫਸਦਾ ਹੈ, ਤਦੋਂ ਪਰਮਾਤਮਾ ਦਾ ਨਾਮ ਚੇਤੇ ਕਰਦਾ ਹੈ ॥੧॥
8445	196	ਤੇਰੇ ਦਾਸ ਕਉ ਤੁਹੀ ਵਡਿਆਈ॥		Thaerae Dhaas Ko Thuhee Vaddiaaee ||	You are the glorious greatness of Your slave.	(ਹੇ ਪ੍ਰਭੂ!) ਤੇਰੇ ਦਾਸ ਦੇ ਵਾਸਤੇ ਤੇਰਾ ਨਾਮ ਹੀ (ਲੋਕ-ਪਰਲੋਕ ਵਿਚ) ਇੱਜ਼ਤ ਹੈ।
8446	196	ਮਾਇਆ ਮਗਨੁ ਨਰਕਿ ਲੈ ਜਾਈ॥੧॥ਰਹਾਉ॥	(ਮਗਨੁ) ਮਸਤ	Maaeiaa Magan Narak Lai Jaaee ||1|| Rehaao ||	The intoxication of Maya leads the others to hell. ||1||Pause||	(ਤੇਰਾ ਦਾਸ ਜਾਣਦਾ ਹੈ ਕਿ) ਮਾਇਆ ਵਿਚ ਮਸਤ ਮਨੁੱਖ ਨੂੰ (ਮਾਇਆ) ਨਰਕ ਵਿਚ ਲੈ ਜਾਂਦੀ ਹੈ (ਸਦਾ ਦੁਖੀ ਰੱਖਦੀ ਹੈ) ॥੧॥ ਰਹਾਉ ॥
8447	196	ਰੋਗ ਗਿਰਸਤ ਚਿਤਾਰੇ ਨਾਉ॥	(ਗਿ-ਰਸਤ) ਫਸਿਆ। (ਚਿਤਾਰੇ) ਸਿਮਰੇ	Rog Girasath Chithaarae Naao ||	Gripped by disease, they invoke the Name.	(ਹੇ ਭਾਈ!) ਰੋਗਾਂ ਨਾਲ ਘਿਰਿਆ ਹੋਇਆ ਮਨੁੱਖ ਪਰਮਾਤਮਾ ਦਾ ਨਾਮ ਚੇਤੇ ਕਰਦਾ ਹੈ,
8448	196	ਬਿਖੁ ਮਾਤੇ ਕਾ ਠਉਰ ਨ ਠਾਉ॥੨॥	ਵਿਸ਼ੇ ਵਿਕਾਰਾਂ ਦੀ (ਬਿਖੁ) ਜ਼ਹਰ ਚ (ਮੱਾਤੇ) ਮਸਤ	Bikh Maathae Kaa Thour N Thaao ||2||	But those who are intoxicated with vice shall find no home, no place of rest. ||2||	ਪਰ ਵਿਕਾਰਾਂ ਦੀ ਜ਼ਹਿਰ ਵਿਚ ਮਸਤ ਹੋਏ ਮਨੁੱਖ ਦੇ ਆਤਮਕ ਜੀਵਨ ਦਾ ਕਿਤੇ ਨਾਮ-ਨਿਸ਼ਾਨ ਨਹੀਂ ਲੱਭਦਾ, (ਵਿਕਾਰਾਂ ਦੀ ਜ਼ਹਿਰ ਉਸ ਦੇ ਆਤਮਕ ਜੀਵਨ ਨੂੰ ਮਾਰ-ਮੁਕਾਂਦੀ ਹੈ) ॥੨॥
8449	196	ਚਰਨਕਮਲ ਸਿਉ ਲਾਗੀ ਪ੍ਰੀਤਿ॥		Charan Kamal Sio Laagee Preeth ||	Within whose hearts the Lord God abides. ||3||	(ਹੇ ਭਾਈ! ਪਰਮਾਤਮਾ ਦੇ) ਸੋਹਣੇ ਚਰਨਾਂ ਨਾਲ (ਜਿਸ ਮਨੁੱਖ ਦੀ) ਪ੍ਰੀਤਿ ਬਣ ਜਾਂਦੀ ਹੈ,

8450	196	ਆਨ ਸੁਖਾ ਨਹੀ ਆਵਹਿ ਚੀਤਿ॥੩॥		Aan Sukhaa Nehee Aavehi Cheeth ||3||	Does not think of any other comforts. ||3||	ਉਸ ਨੂੰ ਦੁਨੀਆ ਵਾਲੇ ਹੋਰ ਹੋਰ ਸੁਖ ਚੇਤੇ ਨਹੀਂ ਆਉਂਦੇ ॥੩॥
8451	196	ਸਦਾ ਸਦਾ ਸਿਮਰਉ ਪ੍ਰਭ ਸੁਆਮੀ॥		Sadhaa Sadhaa Simaro Prabh Suaamee ||	Forever and ever, meditate on God, your Lord and Master.	ਸੁਆਮੀ! ਮੈਂ ਸਦਾ ਹੀ ਤੈਨੂੰ ਸਿਮਰਦਾ ਰਹਾਂ।
8452	196	ਮਿਲੁ ਨਾਨਕ ਹਰਿ ਅੰਤਰਜਾਮੀ॥੪॥੮੨॥੧੫੧॥		Mil Naanak Har Antharajaamee ||4||82||151||	O Nanak, meet with the Lord, the Inner-knower, the Searcher of hearts. ||4||82||151||	ਹੇ ਨਾਨਕ! (ਅਰਦਾਸ ਕਰ ਤੇ ਆਖ)-ਹੇ ਪ੍ਰਭੂ! ਹੇ ਹੇ ਅੰਤਰਜਾਮੀ ਹਰੀ! (ਮੈਨੂੰ) ਮਿਲ ॥੪॥੮੨॥੧੫੧॥
8453	196	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8454	196	ਆਠ ਪਹਰ ਸੰਗੀ ਬਟਵਾਰੇ॥	ਕਾਮਾਦਿਕ (ਬਟਵਾਰੇ) ਡਾਕੂ	Aath Pehar Sangee Battavaarae ||	Twenty-four hours a day, the highway robbers are my companions.	(ਹੇ ਭਾਈ! ਕਾਮਾਦਿਕ ਪੰਜੇ) ਡਾਕੂ ਅੱਠੇ ਪਹਰ (ਮਨੁੱਖ ਦੇ ਨਾਲ) ਸਾਥੀ ਬਣੇ ਰਹਿੰਦੇ ਹਨ (ਤੇ ਇਸ ਦੇ ਆਤਮਕ ਜੀਵਨ ਉਤੇ ਡਾਕਾ ਮਾਰਦੇ ਰਹਿੰਦੇ ਹਨ।)
8455	196	ਕਰਿ ਕਿਰਪਾ ਪ੍ਰਭਿ ਲਏ ਨਿਵਾਰੇ॥੧॥	(ਨਿਵਾਰੇ) ਬਚਾਅ ਲਏ	Kar Kirapaa Prabh Leae Nivaarae ||1||	Granting His Grace, God has driven them away. ||1||	(ਜਿਨ੍ਹਾਂ ਨੂੰ ਬਚਾਇਆ ਹੈ) ਪ੍ਰਭੂ ਨੇ ਆਪ ਹੀ ਕਿਰਪਾ ਕਰ ਕੇ ਬਚਾ ਲਿਆ ਹੈ ॥੧॥

8456	196	ਐਸਾ ਹਰਿ ਰਸੁ ਰਮਹੁ ਸਭੁ ਕੋਇ॥	(ਰਮਹੁ) ਜਪੋ	Aisaa Har Ras Ramahu Sabh Koe ||	Everyone should dwell on the Sweet Name of such a Lord.	(ਹੇ ਭਾਈ!) ਹਰੇਕ ਜੀਵ ਅਜੇਹੀ ਸਮਰੱਥਾ ਵਾਲੇ ਪ੍ਰਭੂ ਦੇ ਨਾਮ ਦਾ ਰਸ ਮਾਣੋ,
8457	196	ਸਰਬ ਕਲਾ ਪੂਰਨ ਪ੍ਰਭੁ ਸੋਇ॥੧॥ਰਹਾਉ॥		Sarab Kalaa Pooran Prabh Soe ||1|| Rehaao ||	God is overflowing with all power. ||1||Pause||	ਜਿਸ ਪਰਮਾਤਮਾ ਸਾਰੀਆਂ ਮੁਕੰਮਲ ਤਾਕਤਾਂ ਦਾ ਮਾਲਕ ਹੈ (ਜੇਹੜਾ ਮਨੁੱਖ ਉਸ ਦਾ ਪੱਲਾ ਫੜਦਾ ਹੈ, ਉਹ ਕਿਸੇ ਵਿਕਾਰ ਨੂੰ ਉਸ ਦੇ ਨੇੜੇ ਨਹੀਂ ਢੁੱਕਣ ਦੇਂਦਾ) ॥੧॥ ਰਹਾਉ ॥
8458	196	ਮਹਾ ਤਪਤਿ ਸਾਗਰ ਸੰਸਾਰ॥		Mehaa Thapath Saagar Sansaar ||	The world-ocean is burning hot!	(ਹੇ ਭਾਈ! ਕਾਮਾਦਿਕ ਵਿਕਾਰਾਂ ਦੀ) ਸੰਸਾਰ-ਸਮੁੰਦਰ ਵਿਚ ਬੜੀ ਤਪਸ਼ ਪੈ ਰਹੀ ਹੈ। (ਇਸ ਤਪਸ਼ ਤੋਂ ਬਚਣ ਲਈ ਪ੍ਰਭੂ ਦਾ ਹੀ ਆਸਰਾ ਲਵੋ)।
8459	196	ਪ੍ਰਭ ਖਿਨ ਮਹਿ ਪਾਰਿ ਉਤਾਰਣਹਾਰ॥੨॥		Prabh Khin Mehi Paar Outhaaranehaar ||2||	In an instant, God saves us, and carries us across. ||2||	ਪ੍ਰਭੂ ਇਕ ਖਿਨ ਵਿਚ ਇਸ ਸੜਨ ਵਿਚੋਂ ਪਾਰ ਲੰਘਾਣ ਦੀ ਤਾਕਤ ਰੱਖਣ ਵਾਲਾ ਹੈ ॥੨॥
8460	196	ਅਨਿਕ ਬੰਧਨ ਤੋਰੇ ਨਹੀ ਜਾਹਿ॥		Anik Bandhhan Thorae Nehee Jaahi ||	There are so many bonds, they cannot be broken.	(ਹੇ ਭਾਈ! ਮਾਇਆ ਦੇ ਮੋਹ ਦੀਆਂ ਇਹ ਵਿਕਾਰ ਆਦਿਕ) ਅਨੇਕਾਂ ਫਾਹੀਆਂ ਹਨ (ਮਨੁੱਖਾਂ ਪਾਸੋਂ ਆਪਣੇ ਜਤਨ ਨਾਲ ਇਹ ਫਾਹੀਆਂ) ਤੋੜੀਆਂ ਨਹੀਂ ਜਾ ਸਕਦੀਆਂ।
8461	196	ਸਿਮਰਤ ਨਾਮ ਮੁਕਤਿ ਫਲ ਪਾਹਿ॥੩॥		Simarath Naam Mukath Fal Paahi ||3||	Remembering the Naam, the Name of the Lord, the fruit of liberation is obtained. ||3||	ਪਰ ਪਰਮਾਤਮਾ ਦਾ ਨਾਮ ਸਿਮਰਦਿਆਂ ਇਹਨਾਂ ਫਾਹੀਆਂ ਤੋਂ ਖ਼ਲਾਸੀ-ਰੂਪ ਫਲ ਹਾਸਲ ਕਰ ਲੈਂਦੇ ਹਨ ॥੩॥

8462	196	ਉਕਤਿ ਸਿਆਨਪ ਇਸ ਤੇ ਕਛੁ ਨਾਹਿ॥	ਉਕਤਿ:ਪੋਲਾ ਬੋਲੋ। (ਉਕਤਿ) ਜੁਗਤ	Oukath Siaanap Eis Thae Kashh Naahi ||	By clever devices, nothing is accomplished.	ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰ ਤੇ ਆਖ-ਹੇ ਪ੍ਰਭੂ!) ਇਸ ਜੀਵ ਪਾਸੋਂ ਕੋਈ ਅਜੇਹੀ ਸਿਆਣਪ ਕੋਈ ਅਜੇਹੀ ਦਲੀਲ ਨਹੀ ਚੱਲ ਸਕਦੀ (ਜਿਸ ਕਰਕੇ ਇਹ ਇਹਨਾਂ ਡਾਕੂਆਂ ਦੇ ਪੰਜੇ ਤੋਂ ਬਚ ਸਕੇ।
8463	196	ਕਰਿ ਕਿਰਪਾ ਨਾਨਕ ਗੁਣ ਗਾਹਿ॥੪॥੮੩॥੧੫੨॥		Kar Kirapaa Naanak Gun Gaahi ||4||83||152||	Grant Your Grace to Nanak, that he may sing the Glories of God. ||4||83||152||	ਹੇ ਪ੍ਰਭੂ! ਤੂੰ ਆਪ) ਕਿਰਪਾ ਕਰ, ਜੀਵ ਤੇਰੇ ਗੁਣ ਗਾਵਣ (ਤੇ ਇਹਨਾਂ ਤੋਂ ਬਚ ਸਕਣ) ॥੪॥੮੩॥੧੫੨॥
8464	196	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8465	196	ਥਾਤੀ ਪਾਈ ਹਰਿ ਕੋ ਨਾਮ॥	(ਥਾੱਤੀ) ਥੈਲੀ	Thhaathee Paaee Har Ko Naam ||	For their own advantage, they make God their friend.	(ਹੇ ਭਾਈ! ਜੇ ਤੂੰ ਪਰਮਾਤਮਾ ਦੀ ਕਿਰਪਾ ਨਾਲ) ਪਰਮਾਤਮਾ ਦੇ ਨਾਮ-ਧਨ ਦੀ ਥੈਲੀ ਹਾਸਲ ਕਰ ਲਈ ਹੈ,
8466	196	ਬਿਚਰੁ ਸੰਸਾਰ ਪੂਰਨ ਸਭਿ ਕਾਮ॥੧॥	(ਬਿਚਰੁ) ਤੁਰਦੇ ਫਿਰਦੇ	Bichar Sansaar Pooran Sabh Kaam ||1||	Move freely in the world; all their affairs are resolved. ||1||	ਤਾਂ ਤੂੰ ਸੰਸਾਰ ਦੇ ਕਾਰ-ਵਿਹਾਰਾਂ ਵਿਚ ਭੀ (ਨਿਸੰਗ ਹੋ ਕੇ) ਤੁਰ ਫਿਰ। ਤੇਰੇ ਸਾਰੇ ਕੰਮ ਸਿਰੇ ਚੜ੍ਹ ਜਾਣਗੇ ॥੧॥

8467	196	ਵਡਭਾਗੀ ਹਰਿ ਕੀਰਤਨੁ ਗਾਈਐ॥		Vaddabhaagee Har Keerathan Gaaeeai ||	Everyone should make Him such a friend.	(ਹੇ ਭਾਈ!) ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਵੱਡੇ ਭਾਗਾਂ ਨਾਲ ਗਾਇਆ ਜਾ ਸਕਦਾ ਹੈ।
8468	196	ਪਾਰਬ੍ਰਹਮ ਤੂੰ ਦੇਹਿ ਤ ਪਾਈਐ॥੧॥ਰਹਾਉ ॥		Paarabreham Thoon Dhaehi Th Paaeeai ||1|| Rehaao ||	O Supreme Lord God, as You give, so do I receive. ||1||Pause||	ਹੇ ਪਾਰਬ੍ਰਹਮ ਪ੍ਰਭੂ! ਜੇ ਤੂੰ ਆਪ ਸਾਨੂੰ ਜੀਵਾਂ ਨੂੰ ਆਪਣੀ ਸਿਫ਼ਤ-ਸਾਲਾਹ ਦੀ ਦਾਤ ਦੇਵੇਂ ਤਾਂ ਹੀ ਸਾਨੂੰ ਮਿਲ ਸਕਦੀ ਹੈ ॥੧॥ ਰਹਾਉ ॥
8469	196	ਹਰਿ ਕੇ ਚਰਣ ਹਿਰਦੈ ਉਰਿ ਧਾਰਿ॥		Har Kae Charan Hiradhai Our Dhhaar ||	For their own purposes, they enshrine the Lord in the heart;	(ਹੇ ਭਾਈ!) ਪਰਮਾਤਮਾ ਦੇ ਚਰਨ ਆਪਣੇ ਹਿਰਦੇ ਵਿਚ ਦਿਲ ਵਿਚ ਟਿਕਾਈ ਰੱਖ।
8470	196	ਭਵ ਸਾਗਰੁ ਚੜਿ ਉਤਰਹਿ ਪਾਰਿ॥੨॥	ਚੜ੍ਹਿ। ਉੱਤਰ-ਹਿ	Bhav Saagar Charr Outharehi Paar ||2||	Get aboard this boat, and cross over the terrifying world-ocean. ||2||	(ਪ੍ਰਭੂ-ਚਰਨ-ਰੂਪ ਜਹਾਜ਼ ਉਤੇ) ਚੜ੍ਹ ਕੇ ਤੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਏਂਗਾ ॥੨॥
8471	196	ਸਾਧੂਸੰਗੁ ਕਰਹੁ ਸਭੁ ਕੋਇ॥		Saadhhoo Sang Karahu Sabh Koe ||	Everyone who joins the Saadh Sangat, the Company of the Holy,	(ਹੇ ਭਾਈ!) ਹਰੇਕ ਪ੍ਰਾਣੀ ਗੁਰੂ ਦੀ ਸੰਗਤਿ ਕਰੋ।
8472	196	ਸਦਾ ਕਲਿਆਣ ਫਿਰਿ ਦੂਖੁ ਨ ਹੋਇ॥੩॥		Sadhaa Kaliaan Fir Dhookh N Hoe ||3||	Obtains eternal peace; pain does not afflict them any longer. ||3||	(ਗੁਰੂ ਦੀ ਸੰਗਤਿ ਵਿਚ ਰਿਹਾਂ) ਸਦਾ ਸੁਖ ਹੀ ਸੁਖ ਹੋਣਗੇ, ਮੁੜ ਕੋਈ ਦੁੱਖ ਪੋਹ ਨਹੀਂ ਸਕੇਗਾ ॥੩॥

8473	196	ਪ੍ਰੇਮ ਭਗਤਿ ਭਜੁ ਗੁਣੀ ਨਿਧਾਨੁ॥	(:ਪੋਲਾ ਬੋਲੋ ਭਜੁ) ਜਪ	Praem Bhagath Bhaj Gunee Nidhhaan ||	With loving devotional worship, meditate on the treasure of excellence.	ਪ੍ਰੇਮ-ਭਰੀ ਭਗਤੀ ਨਾਲ ਸਾਰੇ ਗੁਣਾਂ ਦੇ ਖ਼ਜਾਨੇ ਪਰਮਾਤਮਾ ਦਾ ਭਜਨ ਕਰ,
8474	196	ਨਾਨਕ ਦਰਗਹ ਪਾਈਐ ਮਾਨੁ॥੪॥੮੪॥੧੫੩॥		Naanak Dharageh Paaeeai Maan ||4||84||153||	O Nanak, you shall be honored in the Court of the Lord. ||4||84||153||	ਹੇ ਨਾਨਕ! (ਇਸ ਤਰ੍ਹਾਂ) ਪਰਮਾਤਮਾ ਦੀ ਹਜ਼ੂਰੀ ਵਿਚ ਆਦਰ-ਮਾਣ ਮਿਲਦਾ ਹੈ ॥੪॥੮੪॥੧੫੩॥
8475	196	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8476	196	ਜਲਿ ਥਲਿ ਮਹੀਅਲਿ ਪੂਰਨ ਹਰਿ ਮੀਤ॥	(ਮਹੀਅਲਿ) ਵਿੱਚ	Jal Thhal Meheeal Pooran Har Meeth ||	The Lord, our Friend, is totally pervading the water, the land and the skies.	(ਹੇ ਭਾਈ!) ਜੇਹੜਾ ਪ੍ਰਭੂ-ਮਿੱਤਰ ਜਲ ਵਿਚ ਧਰਤੀ ਵਿਚ ਆਕਾਸ਼ ਵਿਚ ਹਰ ਥਾਂ ਵਿਆਪਕ ਹੈ,
8477	196	ਭ੍ਰਮ ਬਿਨਸੇ ਗਾਏ ਗੁਣ ਨੀਤ॥੧॥	(ਬਿਨਸੇ) ਨਾਸ ਹੋਏ	Bhram Binasae Gaaeae Gun Neeth ||1||	For those who listen to the Sermon of the Lord, Har, Har, in the Saadh Sangat, the Company of the Holy. ||1||	ਉਸ ਦੇ ਗੁਣ ਸਦਾ ਗਾਵਿਆਂ ਸਭ ਕਿਸਮ ਦੇ ਭਟਕਣ ਨਾਸ ਹੋ ਜਾਂਦੇ ਹਨ ॥੧॥
8478	196	ਊਠਤ ਸੋਵਤ ਹਰਿ ਸੰਗਿ ਪਹਰੂਆ॥	(ਪਹ-ਰੂਆ) ਰਾਖਾ	Oothath Sovath Har Sang Peharooaa ||	While rising up, and while lying down in sleep, the Lord is always with you, watching over you.	(ਹੇ ਭਾਈ!) ਉਹ ਪਰਮਾਤਮਾ ਜਾਗਦਿਆਂ ਸੁੱਤਿਆਂ ਹਰ ਵੇਲੇ ਜੀਵ ਦੇ ਨਾਲ ਰਾਖਾ ਹੈ,

8479	196	ਜਾ ਕੈ ਸਿਮਰਣਿ ਜਮ ਨਹੀ ਡਰੂਆ॥੧॥ਰਹਾਉ॥	(ਡਰੂਆ) ਡਰ	Jaa Kai Simaran Jam Nehee Ddarooaa ||1|| Rehaao ||	Remembering Him in meditation, the fear of Death departs. ||1||Pause||	ਜਿਸ ਪਰਮਾਤਮਾ ਦੇ ਸਿਮਰਨ ਦੀ ਬਰਕਤਿ ਨਾਲ ਮੌਤ ਦਾ ਡਰ ਨਹੀਂ ਰਹਿ ਜਾਂਦਾ (ਆਤਮਕ ਮੌਤ ਨੇੜੇ ਨਹੀਂ ਢੁਕ ਸਕਦੀ) ॥੧॥ ਰਹਾਉ ॥
8480	196	ਚਰਣਕਮਲ ਪ੍ਰਭ ਰਿਦੈ ਨਿਵਾਸੁ॥		Charan Kamal Prabh Ridhai Nivaas ||	The treasure of all happiness, celestial peace and poise,	(ਹੇ ਭਾਈ!) ਪ੍ਰਭੂ ਦੇ ਸੋਹਣੇ ਚਰਨਾਂ ਦਾ ਜਿਸ ਮਨੁੱਖ ਦੇ ਹਿਰਦੇ ਵਿਚ ਨਿਵਾਸ ਹੋ ਜਾਂਦਾ ਹੈ,
8481	197	ਸਗਲ ਦੂਖ ਕਾ ਹੋਇਆ ਨਾਸੁ॥੨॥		Sagal Dhookh Kaa Hoeiaa Naas ||2||	All suffering comes to an end. ||2||	ਉਸ ਦੇ ਸਾਰੇ ਦੁੱਖਾਂ ਦਾ ਨਾਸ ਹੋ ਜਾਂਦਾ ਹੈ ॥੨॥
8482	197	ਆਸਾ ਮਾਣੁ ਤਾਣੁ ਧਨੁ ਏਕ॥		Aasaa Maan Thaan Dhhan Eaek ||	The One Lord is my hope, honor, power and wealth.	ਇਕ ਪਰਮਾਤਮਾ ਦਾ ਨਾਮ ਹੀ ਉਸ ਮਨੁੱਖ ਦੀ ਆਸ ਬਣ ਜਾਂਦਾ ਹੈ, ਪ੍ਰਭੂ ਦਾ ਨਾਮ ਹੀ ਉਸ ਦਾ ਮਾਣ-ਤਾਣ ਤੇ ਧਨ ਹੋ ਜਾਂਦਾ ਹੈ।
8483	197	ਸਾਚੇ ਸਾਹ ਕੀ ਮਨ ਮਹਿ ਟੇਕ॥੩॥		Saachae Saah Kee Man Mehi Ttaek ||3||	Within my mind is the Support of the True Banker. ||3||	ਉਸ ਮਨੁੱਖ ਦੇ ਮਨ ਵਿਚ ਸਦਾ ਕਾਇਮ ਰਹਿਣ ਵਾਲੇ ਸ਼ਾਹ-ਪਰਮਾਤਮਾ ਦਾ ਹੀ ਸਹਾਰਾ ਹੁੰਦਾ ਹੈ ॥੩॥
8484	197	ਮਹਾ ਗਰੀਬ ਜਨ ਸਾਧ ਅਨਾਥ॥		Mehaa Gareeb Jan Saadhh Anaathh ||	I am the poorest and most helpless servant of the Holy.	(ਹੇ ਭਾਈ! ਜੇਹੜੇ) ਬੜੇ ਗਰੀਬ ਤੇ ਅਨਾਥ ਬੰਦੇ (ਸਨ, ਜਦੋਂ ਉਹ) ਗੁਰੂ ਦੇ ਸੇਵਕ (ਬਣ ਗਏ, ਗੁਰੂ ਦੀ ਸਰਨ ਆ ਪਏ)

8485	197	ਨਾਨਕ ਪ੍ਰਭਿ ਰਾਖੇ ਦੇ ਹਾਥ॥੪॥੮੫॥੧੫੪॥		Naanak Prabh Raakhae Dhae Haathh ||4||85||154||	O Nanak, giving me His Hand, God has protected me. ||4||85||154||	ਹੇ ਨਾਨਕ! (ਆਖ-) ਪਰਮਾਤਮਾ ਨੇ (ਉਹਨਾਂ ਨੂੰ ਦੁੱਖਾਂ ਕਲੇਸ਼ਾਂ ਤੋਂ) ਹੱਥ ਦੇ ਕੇ ਰੱਖ ਲਿਆ ॥੪॥੮੫॥੧੫੪॥
8486	197	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8487	197	ਹਰਿ ਹਰਿ ਨਾਮਿ ਮਜਨੁ ਕਰਿ ਸੂਚੇ॥	(ਮੱਜਨੁ) ਇਸ਼ਨਾਨ	Har Har Naam Majan Kar Soochae ||	Taking my cleansing bath in the Name of the Lord, Har, Har, I have been purified.	(ਹੇ ਭਾਈ!) ਪਰਮਾਤਮਾ ਦੇ ਨਾਮ (-ਤੀਰਥ ਵਿਚ ਇਸ਼ਨਾਨ ਕਰ ਕੇ ਸੁੱਚੇ (ਜੀਵਨ ਵਾਲਾ ਬਣ ਜਾਈਦਾ ਹੈ)।
8488	197	ਕੋਟਿ ਗ੍ਰਹਣ ਪੁੰਨ ਫਲ ਮੂਚੇ॥੧॥ਰਹਾਉ॥	(ਮੂਚੇ) ਬਹੁਤ	Kott Grehan Punn Fal Moochae ||1|| Rehaao ||	Its reward surpasses the giving of charity at millions of solar eclipses. ||1||Pause||	(ਨਾਮ-ਤੀਰਥ ਵਿਚ ਇਸ਼ਨਾਨ ਕੀਤਿਆਂ) ਕ੍ਰੋੜਾਂ ਗ੍ਰਹਣਾਂ ਸਮੇ ਕੀਤੇ ਪੁੰਨਾਂ ਦੇ ਫਲਾਂ ਨਾਲੋਂ ਭੀ ਵਧੀਕ ਫਲ ਮਿਲਦੇ ਹਨ ॥੧॥ ਰਹਾਉ ॥
8489	197	ਹਰਿ ਕੇ ਚਰਣ ਰਿਦੇ ਮਹਿ ਬਸੇ॥		Har Kae Charan Ridhae Mehi Basae ||	With the Lord's Feet abiding in the heart,	(ਹੇ ਭਾਈ! ਜਿਸ ਮਨੁੱਖ ਦੇ) ਹਿਰਦੇ ਵਿਚ ਪਰਮਾਤਮਾ ਦੇ ਚਰਨ ਵੱਸ ਪੈਣ,
8490	197	ਜਨਮ ਜਨਮ ਕੇ ਕਿਲਵਿਖ ਨਸੇ॥੧॥	(ਕਿਲਵਿਖ) ਪਾਪ। ਨੱਸੇ	Janam Janam Kae Kilavikh Nasae ||1||	The sinful mistakes of countless incarnations are removed. ||1||	ਉਸ ਦੇ ਅਨੇਕਾਂ ਜਨਮਾਂ ਦੇ (ਕੀਤੇ) ਪਾਪ ਨਾਸ ਹੋ ਜਾਂਦੇ ਹਨ ॥੧॥

8491	197	ਸਾਧਸੰਗਿ ਕੀਰਤਨ ਫਲੁ ਪਾਇਆ॥		Saadhhasang Keerathan Fal Paaeiaa ||	I have obtained the reward of the Kirtan of the Lord's Praises, in the Saadh Sangat, the Company of the Holy.	(ਹੇ ਭਾਈ! ਜਿਸ ਮਨੁੱਖ ਨੇ) ਸਾਧ ਸੰਗਤਿ ਵਿਚ ਟਿਕ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਫਲ ਪ੍ਰਾਪਤ ਕਰ ਲਿਆ,
8492	197	ਜਮ ਕਾ ਮਾਰਗੁ ਦ੍ਰਿਸਟਿ ਨ ਆਇਆ॥੨॥		Jam Kaa Maarag Dhrisatt N Aaeiaa ||2||	I no longer have to gaze upon the way of death. ||2||	ਜਮਾਂ ਦਾ ਰਸਤਾ ਉਸ ਦੀ ਨਜ਼ਰੀਂ ਭੀ ਨ ਪਿਆ (ਆਤਮਕ ਮੌਤ ਉਸ ਦੇ ਕਿਤੇ ਨੇੜੇ ਭੀ ਨਾਹ ਢੁੱਕੀ) ॥੨॥
8493	197	ਮਨ ਬਚ ਕ੍ਰਮ ਗੋਵਿੰਦ ਅਧਾਰੁ॥		Man Bach Kram Govindh Adhhaar ||	In thought, word and deed, seek the Support of the Lord of the Universe;	(ਹੇ ਭਾਈ! ਜਿਸ ਮਨੁੱਖ ਨੇ) ਆਪਣੇ ਮਨ ਦਾ ਆਪਣੇ ਬੋਲਾਂ ਦਾ ਆਪਣੇ ਕੰਮਾਂ ਦਾ ਆਸਰਾ ਪਰਮਾਤਮਾ (ਦੇ ਨਾਮ) ਨੂੰ ਬਣਾ ਲਿਆ,
8494	197	ਤਾ ਤੇ ਛੁਟਿਓ ਬਿਖੁ ਸੰਸਾਰੁ॥੩॥		Thaa Thae Shhuttiou Bikh Sansaar ||3||	Thus you shall be saved from the poisonous world-ocean. ||3||	ਉਸ ਤੋਂ ਸੰਸਾਰ (ਦਾ ਮੋਹ) ਪਰੇ ਹਟ ਗਿਆ, ਉਸ ਤੋਂ (ਵਿਕਾਰਾਂ ਦਾ ਉਹ) ਜ਼ਹਰ ਪਰੇ ਰਹਿ ਗਿਆ (ਜੋ ਮਨੁੱਖ ਦੇ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ) ॥੩॥
8495	197	ਕਰਿ ਕਿਰਪਾ ਪ੍ਰਭਿ ਕੀਨੋ ਅਪਨਾ॥		Kar Kirapaa Prabh Keeno Apanaa ||	Granting His Grace, God has made me His Own.	ਮਿਹਰ ਕਰ ਕੇ ਪ੍ਰਭੂ ਨੇ ਜਿਸ ਮਨੁੱਖ ਨੂੰ ਆਪਣਾ ਬਣਾ ਲਿਆ,

8496	197	ਨਾਨਕ ਜਾਪੁ ਜਪੇ ਹਰਿ ਜਪਨਾ॥੪॥੮੬॥੧੫੫॥		Naanak Jaap Japae Har Japanaa ||4||86||155||	Nanak chants and meditates on the Chant of the Lord's Name. ||4||86||155||	ਹੇ ਨਾਨਕ! ਉਹ ਮਨੁੱਖ ਸਦਾ ਪ੍ਰਭੂ ਦਾ ਜਾਪ ਜਪਦਾ ਹੈ ਪ੍ਰਭੂ ਦਾ ਭਜਨ ਕਰਦਾ ਹੈ ॥੪॥੮੬॥੧੫੫॥
8497	197	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8498	197	ਪਉ ਸਰਣਾਈ ਜਿਨਿ ਹਰਿ ਜਾਤੇ॥	(ਜਾੱਤੇ) ਜਾਣੇ	Po Saranaaee Jin Har Jaathae ||	Seek the Sanctuary of those who have come to know the Lord.	(ਹੇ ਭਾਈ!) ਜਿਸ ਮਨੁੱਖ ਨੇ ਪਰਮਾਤਮਾ ਨਾਲ ਜਾਣ-ਪਛਾਣ ਪਾ ਲਈ ਹੈ ਉਸ ਦੀ ਸਰਨ ਪਿਆ ਰਹੁ,
8499	197	ਮਨੁ ਤਨੁ ਸੀਤਲੁ ਚਰਣ ਹਰਿ ਰਾਤੇ॥੧॥	(ਰਾਤੇ) ਰੱਤਿਆਂ	Man Than Seethal Charan Har Raathae ||1||	Your mind and body shall become cool and peaceful, imbued with the Feet of the Lord. ||1||	(ਕਿਉਂਕਿ) ਪ੍ਰਭੂ-ਚਰਨਾਂ ਵਿਚ ਪਿਆਰ ਪਾਇਆਂ ਮਨ ਸ਼ਾਂਤ ਹੋ ਜਾਂਦਾ ਹੈ ਸਰੀਰ (ਭਾਵ, ਹਰੇਕ ਇੰਦ੍ਰਾ) ਸ਼ਾਂਤ ਹੋ ਜਾਂਦਾ ਹੈ ॥੧॥
8500	197	ਭੈ ਭੰਜਨ ਪ੍ਰਭ ਮਨਿ ਨ ਬਸਾਹੀ॥	(ਭੰਜਨ) ਨਾਸ	Bhai Bhanjan Prabh Man N Basaahee ||	If God, the Destroyer of fear, does not dwell within your mind,	(ਹੇ ਭਾਈ! ਜੇਹੜੇ ਮਨੁੱਖ) ਸਾਰੇ ਡਰਾਂ ਦੇ ਨਾਸ ਕਰਨ ਵਾਲੇ ਪ੍ਰਭੂ ਨੂੰ ਆਪਣੇ ਮਨ ਵਿਚ ਨਹੀਂ ਵਸਾਂਦੇ,
8501	197	ਡਰਪਤ ਡਰਪਤ ਜਨਮ ਬਹੁਤੁ ਜਾਹੀ॥੧॥ਰਹਾਉ॥	(ਡਰਪਤ) ਡਰਦਿਆਂ	Ddarapath Ddarapath Janam Bahuth Jaahee ||1|| Rehaao ||	You shall spend countless incarnations in fear and dread. ||1||Pause||	ਉਹਨਾਂ ਦੇ ਅਨੇਕਾਂ ਜਨਮ ਇਹਨਾਂ ਡਰਾਂ ਤੋਂ ਕੰਬਦਿਆਂ ਹੀ ਬੀਤ ਜਾਂਦੇ ਹਨ ॥੧॥ ਰਹਾਉ ॥

8502	197	ਜਾ ਕੈ ਰਿਦੈ ਬਸਿਓ ਹਰਿ ਨਾਮ॥		Jaa Kai Ridhai Basiou Har Naam ||	But those who are intoxicated with vice shall find no home, no place of rest. ||2||	(ਹੇ ਭਾਈ!) ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ,
8503	197	ਸਗਲ ਮਨੋਰਥ ਤਾ ਕੇ ਪੂਰਨ ਕਾਮ॥੨॥	(ਮਨੋਰਥ) ਮਨ ਦੇ ਸ਼ੁਭ ਸੰਕਲਪ	Sagal Manorathh Thaa Kae Pooran Kaam ||2||	Have all their desires and tasks fulfilled. ||2||	ਉਸ ਦੇ ਸਾਰੇ ਕੰਮ ਸਾਰੇ ਮਨੋਰਥ ਸਫਲ ਹੋ ਜਾਂਦੇ ਹਨ ॥੨॥
8504	197	ਜਨਮੁ ਜਰਾ ਮਿਰਤੁ ਜਿਸੁ ਵਾਸਿ॥	(ਜਰਾ)ਬੁਢੇਪਾ। (ਵਾਸਿ) ਵੱਸ	Janam Jaraa Mirath Jis Vaas ||	Birth, old age and death are in His Power,	(ਹੇ ਭਾਈ!) ਸਾਡਾ ਜੀਊਣ, ਸਾਡਾ ਬੁਢੇਪਾ ਤੇ ਸਾਡੀ ਮੌਤ ਜਿਸ ਪਰਮਾਤਮਾ ਦੇ ਵੱਸ ਵਿਚ ਹੈ,
8505	197	ਸੋ ਸਮਰਥੁ ਸਿਮਰਿ ਸਾਸਿ ਗਿਰਾਸਿ॥੩॥	ਸਮਰੱਥੁ	So Samarathh Simar Saas Giraas ||3||	So remember that All-powerful Lord with each breath and morsel of food. ||3||	ਉਸ ਸਭ ਤਾਕਤਾਂ ਦੇ ਮਾਲਕ ਪ੍ਰਭੂ ਨੂੰ ਹਰੇਕ ਸਾਹ ਦੇ ਨਾਲ ਤੇ ਹਰੇਕ ਗਿਰਾਹੀ ਦੇ ਨਾਲ ਸਿਮਰਦਾ ਰਹੁ ॥੩॥
8506	197	ਮੀਤੁ ਸਾਜਨੁ ਸਖਾ ਪ੍ਰਭੁ ਏਕ॥		Meeth Saajan Sakhaa Prabh Eaek ||	The One God is my Intimate, Best Friend and Companion.	(ਹੇ ਭਾਈ!) ਉਸ ਮਾਲਕ-ਪ੍ਰਭੂ ਦਾ ਨਾਮ ਹੀ (ਸਾਡੀ ਜ਼ਿੰਦਗੀ ਦਾ) ਸਹਾਰਾ ਹੈ।
8507	197	ਨਾਮੁ ਸੁਆਮੀ ਕਾ ਨਾਨਕ ਟੇਕ॥੪॥੮੭॥੧੫੬॥		Naam Suaamee Kaa Naanak Ttaek ||4||87||156||	The Naam, the Name of my Lord and Master, is Nanak's only Support. ||4||87||156||	ਹੇ ਨਾਨਕ! (ਆਖ-) ਇਕ ਪਰਮਾਤਮਾ ਹੀ (ਸਾਡਾ ਜੀਵਾਂ ਦਾ) ਮਿੱਤਰ ਹੈ ਸੱਜਣ ਹੈ ਸਾਥੀ ਹੈ ॥੪॥੮੭॥੧੫੬॥

8508	197	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8509	197	ਬਾਹਰਿ ਰਾਖਿਓ ਰਿਦੈ ਸਮਾਲਿ॥		Baahar Raakhiou Ridhai Samaal ||	When they are out and about, they keep Him enshrined in their hearts;	(ਹੇ ਭਾਈ!) ਜਗਤ ਨਾਲ ਕਾਰ-ਵਿਹਾਰ ਕਰਦਿਆਂ ਸੰਤ ਜਨਾਂ ਨੇ ਗੋਬਿੰਦ ਨੂੰ ਆਪਣੇ ਹਿਰਦੇ ਵਿਚ ਸਾਂਭ ਕੇ ਰੱਖਿਆ ਹੁੰਦਾ ਹੈ,
8510	197	ਘਰਿ ਆਏ ਗੋਵਿੰਦੁ ਲੈ ਨਾਲਿ॥੧॥		Ghar Aaeae Govindh Lai Naal ||1||	Returning home, the Lord of the Universe is still with them. ||1||	ਗੋਬਿੰਦ ਨੂੰ ਸੰਤ ਜਨ ਆਪਣੇ ਹਿਰਦੇ-ਘਰ ਵਿਚ ਸਦਾ ਆਪਣੇ ਨਾਲ ਰੱਖਦੇ ਹਨ ॥੧॥
8511	197	ਹਰਿ ਹਰਿ ਨਾਮੁ ਸੰਤਨ ਕੈ ਸੰਗਿ॥		Har Har Naam Santhan Kai Sang ||	The Name of the Lord, Har, Har, is the Companion of His Saints.	(ਹੇ ਭਾਈ!) ਪਰਮਾਤਮਾ ਦਾ ਨਾਮ ਸਦਾ ਸੰਤ ਜਨਾਂ ਦੇ ਹਿਰਦੇ ਵਿਚ ਵੱਸਦਾ ਹੈ।
8512	197	ਮਨੁ ਤਨੁ ਰਾਤਾ ਰਾਮ ਕੈ ਰੰਗਿ॥੧॥ਰਹਾਉ॥		Man Than Raathaa Raam Kai Rang ||1|| Rehaao ||	Their minds and bodies are imbued with the Love of the Lord. ||1||Pause||	ਪਰਮਾਤਮਾ ਦੇ (ਪ੍ਰੇਮ-) ਰੰਗ ਵਿਚ (ਸੰਤ ਜਨਾਂ ਦਾ) ਮਨ ਰੰਗਿਆ ਰਹਿੰਦਾ ਹੈ ਤਨ (ਭਾਵ, ਹਰੇਕ ਗਿਆਨ-ਇੰਦ੍ਰਾ) ਰੰਗਿਆ ਰਹਿੰਦਾ ਹੈ ॥੧॥ ਰਹਾਉ ॥
8513	197	ਗੁਰ ਪਰਸਾਦੀ ਸਾਗਰੁ ਤਰਿਆ॥		Gur Parasaadhee Saagar Thariaa ||	In an instant, God saves us, and carries us across. ||2||	(ਹੇ ਭਾਈ!) ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਦਾ ਨਾਮ ਹਿਰਦੇ ਵਿਚ ਸਾਂਭ ਕੇ ਸੰਤ ਜਨ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ,

8514	197	ਜਨਮ ਜਨਮ ਕੇ ਕਿਲਵਿਖ ਸਭਿ ਹਿਰਿਆ॥੨॥	(ਕਿਲਵਿਖ) ਪਾਪ। (ਹਿਰਿਆ) ਨਾਸ ਕੀਤੇ	Janam Janam Kae Kilavikh Sabh Hiriaa ||2||	The sinful mistakes of countless incarnations are all washed away. ||2||	ਤੇ ਅਨੇਕਾਂ ਜਨਮਾਂ ਦੇ (ਪਹਿਲੇ ਕੀਤੇ ਹੋਏ) ਸਾਰੇ ਪਾਪ ਦੂਰ ਕਰ ਲੈਂਦੇ ਹਨ ॥੨॥
8515	197	ਸੋਭਾ ਸੁਰਤਿ ਨਾਮਿ ਭਗਵੰਤੁ॥		Sobhaa Surath Naam Bhagavanth ||	Honor and intuitive awareness are acquired through the Name of the Lord God.	(ਹੇ ਭਾਈ!) ਜੇਹੜਾ ਮਨੁੱਖ ਗੁਰੂ ਦਾ ਉਪਦੇਸ਼ ਆਪਣੇ ਹਿਰਦੇ ਵਿਚ ਵਸਾਂਦਾ ਹੈ, ਉਹ) ਭਾਗਾਂ ਵਾਲਾ ਹੋ ਜਾਂਦਾ ਹੈ, ਉਹ (ਲੋਕ ਪਰਲੋਕ ਵਿਚ) ਵਡਿਆਈ ਖੱਟਦਾ ਹੈ, ਉਸ ਦੀ ਸੁਰਤ ਪ੍ਰਭੂ ਦੇ ਨਾਮ ਵਿਚ ਜੁੜਦੀ ਹੈ।
8516	197	ਪੂਰੇ ਗੁਰ ਕਾ ਨਿਰਮਲ ਮੰਤੁ॥੩॥		Poorae Gur Kaa Niramal Manth ||3||	The Teachings of the Perfect Guru are immaculate and pure. ||3||	(ਤੂੰ ਭੀ) ਪੂਰੇ ਗੁਰੂ ਦਾ ਉਪਦੇਸ਼ (ਆਪਣੇ ਹਿਰਦੇ ਵਿਚ ਵਸਾ ॥੩॥
8517	197	ਚਰਣਕਮਲ ਹਿਰਦੇ ਮਹਿ ਜਾਪੁ॥		Charan Kamal Hiradhae Mehi Jaap ||	Within your heart, meditate on the His Lotus Feet.	(ਹੇ ਭਾਈ! ਤੂੰ ਭੀ ਪਰਮਾਤਮਾ ਦੇ) ਸੋਹਣੇ ਚਰਨ (ਆਪਣੇ) ਹਿਰਦੇ ਵਿਚ ਜਪਦਾ ਰਹੁ।
8518	197	ਨਾਨਕੁ ਪੇਖਿ ਜੀਵੈ ਪਰਤਾਪੁ॥੪॥੮੮॥ ੧੫੭॥		Naanak Paekh Jeevai Parathaap ||4||88||157||	Nanak lives by beholding the Lord's Expansive Power. ||4||88||157||	ਨਾਨਕ (ਉਸ ਪਰਮਾਤਮਾ ਦਾ) ਪਰਤਾਪ ਵੇਖ ਕੇ ਆਤਮਕ ਜੀਵਨ ਹਾਸਲ ਕਰਦਾ ਹੈ ॥੪॥੮੮॥੧੫੭॥
8519	197	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

8520	197	ਧੰਨੁ ਇਹੁ ਥਾਨੁ ਗੋਵਿੰਦ ਗੁਣ ਗਾਏ॥		Dhhann Eihu Thhaan Govindh Gun Gaaeae ||	Blessed is this place, where the Glorious Praises of the Lord of the Universe are sung.	(ਹੇ ਭਾਈ!) ਗੋਬਿੰਦ ਦੇ ਗੁਣ ਗਾਂਵਿਆਂ (ਮਨੁੱਖ ਦਾ) ਇਹ ਹਿਰਦਾ-ਥਾਂ ਭਾਗਾਂ ਵਾਲਾ ਬਣ ਜਾਂਦਾ ਹੈ,
8521	197	ਕੁਸਲ ਖੇਮ ਪ੍ਰਭਿ ਆਪਿ ਬਸਾਏ॥੧॥ਰਹਾਉ॥	(ਕੁਸਲ) ਸੁਖ। (ਖੇਮ) ਰੱਖਿਆ	Kusal Khaem Prabh Aap Basaaeae ||1|| Rehaao ||	God Himself bestows peace and pleasure. ||1||Pause||	(ਕਿਉਂਕਿ ਜਿਸ ਹਿਰਦੇ ਵਿਚ ਪ੍ਰਭੂ ਦੀ ਸਿਫ਼ਤ-ਸਾਲਾਹ ਆ ਵੱਸੀ, ਉਸ ਵਿਚ) ਪ੍ਰਭੂ ਨੇ ਆਪ ਸਾਰੇ ਸੁਖ ਸਾਰੇ ਆਨੰਦ ਲਿਆ ਵਸਾਏ ॥੧॥ ਰਹਾਉ ॥
8522	197	ਬਿਪਤਿ ਤਹਾ ਜਹਾ ਹਰਿ ਸਿਮਰਨੁ ਨਾਹੀ॥		Bipath Thehaa Jehaa Har Simaran Naahee ||	Misfortune occurs where the Lord is not remembered in meditation.	(ਹੇ ਭਾਈ!) ਬਿਪਤਾ (ਸਦਾ) ਉਸ ਹਿਰਦੇ ਵਿਚ (ਵਾਪਰੀ ਰਹਿੰਦੀ) ਹੈ, ਜਿਸ ਵਿਚ ਪਰਮਾਤਮਾ (ਦੇ ਨਾਮ) ਦਾ ਸਿਮਰਨ ਨਹੀਂ ਹੈ।
8523	197	ਕੋਟਿ ਅਨੰਦ ਜਹ ਹਰਿ ਗੁਨ ਗਾਹੀ॥੧॥		Kott Anandh Jeh Har Gun Gaahee ||1||	There are millions of joys where the Glorious Praises of the Lord are sung. ||1||	ਜਿਸ ਹਿਰਦੇ ਵਿਚ ਪਰਮਾਤਮਾ ਦੇ ਗੁਣ ਗਾਏ ਜਾਂਦੇ ਹਨ, ਉਥੇ ਕ੍ਰੋੜਾਂ ਹੀ ਆਨੰਦ ਹਨ ॥੧॥
8524	197	ਹਰਿ ਬਿਸਰਿਐ ਦੁਖ ਰੋਗ ਘਨੇਰੇ॥	(ਗਨੇਰੇ) ਬਹੁਤੇ	Har Bisariai Dhukh Rog Ghanaerae ||	Forgetting the Lord, all sorts of pains and diseases come.	(ਹੇ ਭਾਈ!) ਜੇ ਮਨੁੱਖ ਨੂੰ ਪਰਮਾਤਮਾ (ਦਾ ਨਾਮ) ਵਿਸਰ ਜਾਏ, ਤਾਂ ਉਸ ਨੂੰ ਅਨੇਕਾਂ ਦੁੱਖ ਅਨੇਕਾਂ ਰੋਗ (ਆ ਘੇਰਦੇ ਹਨ)।

8525	197	ਪ੍ਰਭ ਸੇਵਾ ਜਮੁ ਲਗੈ ਨ ਨੇਰੈ॥੨॥	ਲੱਗੈ	Prabh Saevaa Jam Lagai N Naerae ||2||	Serving God, the Messenger of Death will not even approach you. ||2||	(ਪਰ) ਪਰਮਾਤਮਾ ਦੀ ਸੇਵਾ-ਭਗਤੀ ਕੀਤਿਆਂ ਜਮ (ਮੌਤ ਦਾ ਭਉ) ਨੇੜੇ ਨਹੀਂ ਢੁੱਕਦਾ (ਆਤਮਕ ਮੌਤ ਨਹੀਂ ਆਉਂਦੀ) ॥੨॥
8526	197	ਸੋ ਵਡਭਾਗੀ ਨਿਹਚਲ ਥਾਨੁ॥	(ਨਿਹਚਲ) ਅਚੱਲ	So Vaddabhaagee Nihachal Thhaan ||	Very blessed, stable and sublime is that place,	(ਹੇ ਭਾਈ!) ਉਹ ਹਿਰਦਾ-ਥਾਂ ਵੱਡੇ ਭਾਗਾਂ ਵਾਲਾ ਹੈ ਉਹ ਹਿਰਦਾ ਸਦਾ ਅਡੋਲ ਰਹਿੰਦਾ ਹੈ,
8527	197	ਜਹ ਜਪੀਐ ਪ੍ਰਭ ਕੇਵਲ ਨਾਮੁ॥੩॥		Jeh Japeeai Prabh Kaeval Naam ||3||	Where the Name of God alone is chanted. ||3||	ਜਿਸ ਵਿਚ ਪਰਮਾਤਮਾ ਦਾ ਹੀ ਨਾਮ ਜਪਿਆ ਜਾਂਦਾ ਹੈ ॥੩॥
8528	197	ਜਹ ਜਾਈਐ ਤਹ ਨਾਲਿ ਮੇਰਾ ਸੁਆਮੀ॥		Jeh Jaaeeai Theh Naal Maeraa Suaamee ||	Wherever I go, my Lord and Master is with me.	(ਹੇ ਭਾਈ!) ਹੁਣ ਮੈਂ ਜਿਧਰ ਜਾਂਦਾ ਹਾਂ, ਉਧਰ ਮੇਰਾ ਮਾਲਕ-ਪ੍ਰਭੂ ਮੈਨੂੰ ਆਪਣੇ ਨਾਲ ਦਿੱਸਦਾ ਹੈ।
8529	197	ਨਾਨਕ ਕਉ ਮਿਲਿਆ ਅੰਤਰਜਾਮੀ॥੪॥੮੯॥੧੫੮॥		Naanak Ko Miliaa Antharajaamee ||4||89||158||	Nanak has met the Inner-knower, the Searcher of hearts. ||4||89||158||	ਸਭ ਦੇ ਦਿਲ ਦੀ ਜਾਣਨ ਵਾਲਾ ਪ੍ਰਭੂ (ਆਪਣੀ ਕਿਰਪਾ ਨਾਲ ਮੈਨੂੰ) ਨਾਨਕ ਨੂੰ ਮਿਲ ਪਿਆ ਹੈ ॥੪॥੮੯॥੧੫੮॥
8530	197	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8531	197	ਜੋ ਪ੍ਰਾਣੀ ਗੋਵਿੰਦੁ ਧਿਆਵੈ॥		Jo Praanee Govindh Dhhiaavai ||	That mortal who meditates on the Lord of the Universe,	ਜੇਹੜਾ ਮਨੁੱਖ ਗੋਬਿੰਦ-ਪ੍ਰਭੂ ਨੂੰ ਆਪਣੇ ਹਿਰਦੇ ਵਿਚ ਯਾਦ ਕਰਦਾ ਰਹਿੰਦਾ ਹੈ,

8532	197	ਪੜਿਆ ਅਣਪੜਿਆ ਪਰਮਗਤਿ ਪਾਵੈ॥੧॥	ਪੜ੍ਹਿਆ ਅਣ-ਪੜ੍ਹਿਆ	Parriaa Anaparriaa Param Gath Paavai ||1||	Whether educated or uneducated, obtains the state of supreme dignity. ||1||	ਉਹ ਚਾਹੇ ਵਿਦਵਾਨ ਹੋਵੇ ਚਾਹੇ ਵਿੱਦਿਆ-ਹੀਨ, ਉਹ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰਦਾ ਲੈਂਦਾ ਹੈ ॥੧॥
8533	197	ਸਾਧੂਸੰਗਿ ਸਿਮਰਿ ਗੋਪਾਲ॥		Saadhhoo Sang Simar Gopaal ||	In the Saadh Sangat, the Company of the Holy, meditate on the Lord of the World.	(ਹੇ ਭਾਈ!) ਗੁਰੂ ਦੀ ਸੰਗਤਿ ਵਿਚ (ਰਹਿ ਕੇ) ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ (ਦੇ ਨਾਮ) ਦਾ ਸਿਮਰਨ ਕਰਿਆ ਕਰ।
8534	197	ਬਿਨੁ ਨਾਵੈ ਝੂਠਾ ਧਨੁ ਮਾਲੁ॥੧॥ਰਹਾਉ॥		Bin Naavai Jhoothaa Dhhan Maal ||1|| Rehaao ||	Without the Name, wealth and property are false. ||1||Pause||	ਪ੍ਰਭੂ ਦੇ ਨਾਮ ਤੋਂ ਬਿਨਾਂ ਹੋਰ ਕੋਈ ਧਨ ਕੋਈ ਮਾਲ ਪੱਕਾ ਸਾਥ ਨਿਬਾਹੁਣ ਵਾਲਾ ਨਹੀਂ ਹੈ ॥੧॥ ਰਹਾਉ ॥
8535	198	ਰੂਪਵੰਤੁ ਸੋ ਚਤੁਰੁ ਸਿਆਣਾ॥		Roopavanth So Chathur Siaanaa ||	They alone are handsome, clever and wise,	(ਹੇ ਭਾਈ!) ਉਹੀ ਮਨੁੱਖ ਰੂਪ ਵਾਲਾ ਹੈ ਉਹੀ ਤੀਖਣ ਬੁੱਧਿ ਵਾਲਾ ਹੈ ਉਹੀ ਸਿਆਣਾ ਹੈ,
8536	198	ਜਿਨਿ ਜਨਿ ਮਾਨਿਆ ਪ੍ਰਭ ਕਾ ਭਾਣਾ॥੨॥		Jin Jan Maaniaa Prabh Kaa Bhaanaa ||2||	Who surrender to the Will of God. ||2||	ਜਿਸ ਮਨੁੱਖ ਨੇ ਪਰਮਾਤਮਾ ਦੀ ਰਜ਼ਾ ਨੂੰ (ਸਦਾ ਸਿਰ ਮੱਥੇ ਉਤੇ) ਮੰਨਿਆ ਹੈ ॥੨॥
8537	198	ਜਗ ਮਹਿ ਆਇਆ ਸੋ ਪਰਵਾਣੁ॥	ਜੱਗ	Jag Mehi Aaeiaa So Paravaan ||	Blessed is their coming into this world,	(ਹੇ ਭਾਈ! ਜਿਸ ਮਨੁੱਖ ਨੇ ਮਾਲਕ-ਪ੍ਰਭੂ ਨੂੰ ਹਰੇਕ ਸਰੀਰ ਵਿਚ ਵੱਸਦਾ ਪਛਾਣ ਲਿਆ ਹੈ) ਉਹੀ ਮਨੁੱਖ ਜਗਤ ਵਿਚ ਆਇਆ ਸਫਲ ਹੈ।

8538	198	ਘਟਿ ਘਟਿ ਅਪਨਾ ਸੁਆਮੀ ਜਾਣੁ॥੩॥		Ghatt Ghatt Apanaa Suaamee Jaan ||3||	If they recognize their Lord and Master in each and every heart. ||3||	ਆਪਣੇ ਮਾਲਕ-ਪ੍ਰਭੂ ਨੂੰ ਹਰੇਕ ਸਰੀਰ ਵਿਚ ਵੱਸਦਾ ਪਛਾਣ ॥੩॥
8539	198	ਕਹੁ ਨਾਨਕ ਜਾ ਕੇ ਪੂਰਨ ਭਾਗ॥		Kahu Naanak Jaa Kae Pooran Bhaag ||	Says Nanak, their good fortune is perfect,	ਨਾਨਕ ਆਖਦਾ ਹੈ- ਜਿਸ ਮਨੁੱਖ ਦੇ ਪੂਰੇ ਭਾਗ ਜਾਗ ਪੈਂਦੇ ਹਨ,
8540	198	ਹਰਿ ਚਰਣੀ ਤਾ ਕਾ ਮਨੁ ਲਾਗ॥੪॥੯੦॥੧੫੯॥		Har Charanee Thaa Kaa Man Laag ||4||90||159||	if they enshrine the Lord's Feet within their minds. ||4||90||159||	ਉਸ ਦਾ ਮਨ ਪਰਮਾਤਮਾ ਦੇ ਚਰਨਾਂ ਵਿਚ ਲੱਗਾ ਰਹਿੰਦਾ ਹੈ ॥੪॥੯੦॥੧੫੯॥
8541	198	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8542	198	ਹਰਿ ਕੇ ਦਾਸ ਸਿਉ ਸਾਕਤ ਨਹੀ ਸੰਗੁ॥		Har Kae Dhaas Sio Saakath Nehee Sang ||	The Lord's servant does not associate with the faithless cynic.	(ਹੇ ਭਾਈ!) ਪਰਮਾਤਮਾ ਦੇ ਭਗਤ ਨਾਲ ਮਾਇਆ-ਵੇੜ੍ਹੇ ਮਨੁੱਖ ਦਾ ਜੋੜ ਨਹੀਂ ਬਣ ਸਕਦਾ,
8543	198	ਓਹੁ ਬਿਖਈ ਓਸੁ ਰਾਮ ਕੋ ਰੰਗੁ॥੧॥ਰਹਾਉ॥	ਬਿ-ਖਈ:ਪੋਲਾ ਬੋਲੋ। (ਬਿਖਈ) ਵਿਕਾਰੀ	Ouhu Bikhee Ous Raam Ko Rang ||1|| Rehaao ||	One is in the clutches of vice, while the other is in love with the Lord. ||1||Pause||	(ਕਿਉਂਕਿ) ਉਹ ਸਾਕਤ ਵਿਸ਼ਿਆਂ ਦਾ ਪਿਆਰਾ ਹੁੰਦਾ ਹੈ ਤੇ ਉਸ ਭਗਤ ਨੂੰ ਪਰਮਾਤਮਾ ਦਾ ਪ੍ਰੇਮ-ਰੰਗ ਚੜ੍ਹਿਆ ਹੁੰਦਾ ਹੈ ॥੧॥ ਰਹਾਉ ॥

8544	198	ਮਨ ਅਸਵਾਰ ਜੈਸੇ ਤੁਰੀ ਸੀਗਾਰੀ॥		Man Asavaar Jaisae Thuree Seegaaree ||	It would be like an imaginary rider on a decorated horse,	(ਹਰੀ ਦੇ ਦਾਸ ਅਤੇ ਸਾਕਤ ਦਾ ਸੰਗ ਇਉਂ ਹੀ ਹੈ) ਜਿਵੇਂ ਕਿਸੇ ਅਨਾੜੀ ਅਸਵਾਰ ਵਾਸਤੇ ਇਕ ਸਜਾਈ ਹੋਈ ਘੋੜੀ ਹੋਵੇ,
8545	198	ਜਿਉ ਕਾਪੁਰਖੁ ਪੁਚਾਰੈ ਨਾਰੀ॥੧॥	(ਕਾ-ਪੁਰਖੁ) ਹੀਜੜਾ, ਸ਼ਰਧਾ ਹੀਨ। (ਪੁਚਾਰੈ) ਮੁਖ ਨਾਲ ਦਿਲਾਸਾ ਦਿੰਦਾ ਹੈ	Jio Kaapurakh Puchaarai Naaree ||1||	Or a eunuch caressing a woman. ||1||	ਜਿਵੇਂ ਕੋਈ ਖੁਸਰਾ ਇਸਤ੍ਰੀ ਨੂੰ ਪਿਆਰ ਕਰਦਾ ਹੋਵੇ ॥੧॥
8546	198	ਬੈਲ ਕਉ ਨੇਤ੍ਰਾ ਪਾਇ ਦੁਹਾਵੈ॥	(ਨੇਤ੍ਰਾ) ਨਿਆਣਾ। (ਦੁਹਾਵੈ) ਚੋਵੇ	Bail Ko Naethraa Paae Dhuhaavai ||	It would be like tying up an ox and trying to milk it,	(ਹੇ ਭਾਈ!) ਹਰੀ ਦੇ ਦਾਸ ਅਤੇ ਸਾਕਤ ਦਾ ਮੇਲ ਇਉਂ ਹੀ ਹੈ, ਜਿਵੇਂ ਕੋਈ ਮਨੁੱਖ ਨਿਆਣਾ ਪਾ ਕੇ ਬਲਦ ਨੂੰ ਚੋਣ ਲੱਗ ਪਏ,
8547	198	ਗਉ ਚਰਿ ਸਿੰਘ ਪਾਛੈ ਪਾਵੈ॥੨॥	(ਚਰਿ) ਚੜ੍ਹ ਕੇ। (ਸਿੰਘ) ਸ਼ੇਰ (ਪਾਛੈ) ਪਿੱਛੇ (ਪਾਵੈ) ਦੁੜਾਵੇ	Goo Char Singh Paashhai Paavai ||2||	Or riding a cow to chase a tiger. ||2||	ਜਿਵੇਂ ਕੋਈ ਮਨੁੱਖ ਗਾਂ ਉਤੇ ਚੜ੍ਹ ਕੇ ਉਸ ਨੂੰ ਸ਼ੇਰ ਦੇ ਪਿੱਛੇ ਦੁੜਾਣ ਲੱਗ ਪਏ ॥੨॥
8548	198	ਗਾਡਰ ਲੇ ਕਾਮਧੇਨੁ ਕਰਿ ਪੂਜੀ॥	(ਗਾਡਰ) ਭੇਡ, ਭੇਡਵਾਂਗ ਭੂਤਾਂ ਦੀ ਪੂਜਾ। (ਕਾਮਧੇਨੁ) ਕਾਮਨਾਵਾਂ ਪੂਰੀਆਂ ਕਰਨ ਵਾਲੀ ਗਊ ਮੰਨੀ ਜਾਂਦੀ। (ਪੂੱਜੀ) ਕਸਕੇ ਬੋਲੋ	Gaaddar Lae Kaamadhhaen Kar Poojee ||	It would be like taking a sheep and worshipping it as the Elysian cow,	(ਹੇ ਭਾਈ!) ਹਰੀ ਦੇ ਭਗਤ ਤੇ ਸਾਕਤ ਦਾ ਜੋੜ ਇਉਂ ਹੈ, ਜਿਵੇਂ ਕੋਈ ਮਨੁੱਖ ਭੇਡ ਲੈ ਕੇ ਉਸ ਨੂੰ ਕਾਮਧੇਨ ਮਿਥ ਕੇ ਪੂਜਣ ਲੱਗ ਪਏ,

8549	198	ਸਉਦੇ ਕਉ ਧਾਵੈ ਬਿਨੁ ਪੂੰਜੀ॥੩॥	ਸਉੱਦੇ: ਕਸਕੇ ਬੋਲੋ	Soudhae Ko Dhhaavai Bin Poonjee ||3||	The giver of all blessings; it would be like going out shopping without any money. ||3||	ਜਿਵੇਂ ਕੋਈ ਮਨੁੱਖ ਸਰਮਾਏ ਤੋਂ ਬਿਨਾ ਹੀ ਸੌਦਾ ਖ਼ਰੀਦਣ ਉੱਠ ਦੌੜੇ ॥੩॥
8550	198	ਨਾਨਕ ਰਾਮ ਨਾਮੁ ਜਪਿ ਚੀਤ॥		Naanak Raam Naam Jap Cheeth ||	O Nanak, consciously meditate on the Lord's Name.	ਹੇ ਨਾਨਕ! (ਹਰੀ ਦੇ ਦਾਸਾਂ ਦੀ ਸੰਗਤਿ ਵਿਚ ਟਿਕ ਕੇ) ਪਰਮਾਤਮਾ ਦਾ ਨਾਮ ਆਪਣੇ ਚਿੱਤ ਵਿਚ ਸਿਮਰ,
8551	198	ਸਿਮਰਿ ਸੁਆਮੀ ਹਰਿ ਸਾ ਮੀਤ॥੪॥੯੧॥੧੬੦॥		Simar Suaamee Har Saa Meeth ||4||91||160||	Meditate in remembrance on the Lord Master, your Best Friend. ||4||91||160||	ਪਰਮਾਤਮਾ ਵਰਗੇ ਮਾਲਕ ਤੇ ਮਿੱਤਰ ਦਾ ਸਿਮਰਨ ਕਰਿਆ ਕਰ ॥੪॥੯੧॥੧੬੦॥
8552	198	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8553	198	ਸਾ ਮਤਿ ਨਿਰਮਲ ਕਹੀਅਤ ਧੀਰ॥	(ਧੀਰ) ਧੀਰਜ ਵਾਲੀ	Saa Math Niramal Keheeath Dhheer ||	Pure and steady is that intellect,	ਹੇ ਭਾਈ! ਉਹ ਅਕਲ ਪਵਿਤ੍ਰ ਆਖੀ ਜਾਂਦੀ ਹੈ ਧੀਰਜ ਵਾਲੀ ਆਖੀ ਜਾਂਦੀ ਹੈ,
8554	198	ਰਾਮ ਰਸਾਇਣੁ ਪੀਵਤ ਬੀਰ॥੧॥	(ਰਸਾਇਣੁ) ਰਸਾਂ ਦਾ ਘਰ	Raam Rasaaein Peevath Beer ||1||	which drinks in the Lord's sublime essence. ||1||	(ਜਿਸ ਦਾ ਆਸਰਾ ਲੈ ਕੇ ਮਨੁੱਖ) ਸਭ ਰਸਾਂ ਤੋਂ ਸ੍ਰੇਸ਼ਟ ਪ੍ਰਭੂ-ਨਾਮ ਦਾ ਰਸ ਪੀਂਦਾ ਹੈ ॥੧॥
8555	198	ਹਰਿ ਕੇ ਚਰਣ ਹਿਰਦੈ ਕਰਿ ਓਟ॥		Har Kae Charan Hiradhai Kar Outt ||	Keep the Support of the Lord's Feet in your heart,	(ਹੇ ਭਾਈ!) ਆਪਣੇ ਹਿਰਦੇ ਵਿਚ ਪਰਮਾਤਮਾ ਦੇ ਚਰਨਾਂ ਦਾ ਆਸਰਾ ਬਣਾ,

8556	198	ਜਨਮ ਮਰਣ ਤੇ ਹੋਵਤ ਛੋਟ॥੧॥ਰਹਾਉ॥		Janam Maran Thae Hovath Shhott ||1|| Rehaao ||	And you shall be saved from the cycle of birth and death. ||1||Pause||	(ਇਉਂ ਕੀਤਿਆਂ) ਜਨਮ ਮਰਨ ਦੇ ਗੇੜ ਤੋਂ ਖ਼ਲਾਸੀ ਹੋ ਜਾਂਦੀ ਹੈ ॥੧॥ ਰਹਾਉ ॥
8557	198	ਸੋ ਤਨੁ ਨਿਰਮਲੁ ਜਿਤੁ ਉਪਜੈ ਨ ਪਾਪੁ॥		So Than Niramal Jith Oupajai N Paap ||	Pure is that body, in which sin does not arise.	(ਹੇ ਭਾਈ!) ਉਹ ਸਰੀਰ ਪਵਿਤ੍ਰ ਹੈ ਜਿਸ ਵਿਚ ਕੋਈ ਪਾਪ ਨਹੀਂ ਪੈਦਾ ਹੁੰਦਾ।
8558	198	ਰਾਮ ਰੰਗਿ ਨਿਰਮਲ ਪਰਤਾਪੁ॥੨॥		Raam Rang Niramal Parathaap ||2||	In the Love of the Lord is pure glory. ||2||	ਪਰਮਾਤਮਾ ਦੇ ਪ੍ਰੇਮ-ਰੰਗ ਦੀ ਬਰਕਤਿ ਨਾਲ ਪਵਿਤ੍ਰ ਹੋਏ ਮਨੁੱਖ ਦਾ ਤੇਜ-ਪਰਤਾਪ (ਚਮਕਦਾ ਹੈ) ॥੨॥
8559	198	ਸਾਧਸੰਗਿ ਮਿਟਿ ਜਾਤ ਬਿਕਾਰ॥		Saadhhasang Mitt Jaath Bikaar ||	In the Saadh Sangat, the Company of the Holy, corruption is eradicated.	(ਹੇ ਭਾਈ! ਸਾਧ ਸੰਗਤਿ ਕਰਿਆ ਕਰ) ਸਾਧ ਸੰਗਤਿ ਵਿਚ ਰਿਹਾਂ (ਅੰਦਰੋਂ) ਸਾਰੇ ਵਿਕਾਰ ਦੂਰ ਹੋ ਜਾਂਦੇ ਹਨ।
8560	198	ਸਭ ਤੇ ਊਚ ਏਹੋ ਉਪਕਾਰ॥੩॥		Sabh Thae Ooch Eaeho Oupakaar ||3||	This is the greatest blessing of all. ||3||	(ਸਾਧ ਸੰਗਤਿ ਦਾ) ਸਭ ਤੋਂ ਉੱਚਾ ਇਹੀ ਉਪਕਾਰ ਹੈ ॥੩॥
8561	198	ਪ੍ਰੇਮ ਭਗਤਿ ਰਾਤੇ ਗੋਪਾਲ॥	ਰਾੱਤੇ ਕਸਕੇ	Praem Bhagath Raathae Gopaal ||	Imbued with loving devotional worship of the Sustainer of the Universe,	ਜੇਹੜੇ ਮਨੁੱਖ ਪਰਮਾਤਮਾ ਦੀ ਪ੍ਰੇਮ-ਭਗਤੀ ਦੇ ਰੰਗ ਵਿਚ ਰੰਗੇ ਰਹਿੰਦੇ ਹਨ,
8562	198	ਨਾਨਕ ਜਾਚੈ ਸਾਧ ਰਵਾਲ॥੪॥੯੨॥੧੬੧॥	(ਰਵਾਲ) ਚਰਨ ਧੂੜ	Naanak Jaachai Saadhh Ravaal ||4||92||161||	Nanak asks for the dust of the feet of the Holy. ||4||92||161||	ਨਾਨਕ ਉਹਨਾਂ ਦੇ ਚਰਨਾਂ ਦੀ ਧੂੜ ਮੰਗਦਾ ਹੈ ॥੪॥੯੨॥੧੬੧॥

8563	198	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8564	198	ਐਸੀ ਪ੍ਰੀਤਿ ਗੋਵਿੰਦ ਸਿਉ ਲਾਗੀ॥		Aisee Preeth Govindh Sio Laagee ||	Such is my love for the Lord of the Universe;	(ਹੇ ਭਾਈ!) ਪਰਮਾਤਮਾ ਨਾਲ ਜਿਨ੍ਹਾਂ ਮਨੁੱਖਾਂ ਦੀ ਇਹੋ ਜਿਹੀ ਪ੍ਰੀਤਿ (ਜਿਸ ਦਾ ਜ਼ਿਕਰ ਇਥੇ ਕੀਤਾ ਜਾ ਰਿਹਾ ਹੈ) ਬਣਦੀ ਹੈ,
8565	198	ਮੇਲਿ ਲਏ ਪੂਰਨ ਵਡਭਾਗੀ॥੧॥ਰਹਾਉ॥		Mael Leae Pooran Vaddabhaagee ||1|| Rehaao ||	Through perfect good destiny, I have been united with Him. ||1||Pause||	ਉਹ ਮਨੁੱਖ ਵੱਡੇ ਭਾਗਾਂ ਵਾਲੇ ਹੋ ਜਾਂਦੇ ਹਨ, ਉਹ ਸਾਰੇ ਗੁਣਾਂ ਨਾਲ ਭਰਪੂਰ ਹੋ ਜਾਂਦੇ ਹਨ, ਪਰਮਾਤਮਾ ਉਹਨਾਂ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ ॥੧॥ ਰਹਾਉ ॥
8566	198	ਭਰਤਾ ਪੇਖਿ ਬਿਗਸੈ ਜਿਉ ਨਾਰੀ॥	(ਭਰਤਾ) ਪਤੀ	Bharathaa Paekh Bigasai Jio Naaree ||	As the wife is delighted upon beholding her husband,	ਜਿਵੇਂ ਇਸਤ੍ਰੀ ਆਪਣੇ ਪਤੀ ਨੂੰ ਵੇਖ ਕੇ ਖ਼ੁਸ਼ ਹੁੰਦੀ ਹੈ,
8567	198	ਤਿਉ ਹਰਿ ਜਨੁ ਜੀਵੈ ਨਾਮੁ ਚਿਤਾਰੀ॥੧॥	(ਚਿਤਾਰੀ) ਸਿਮਰਦਾ	Thio Har Jan Jeevai Naam Chithaaree ||1||	So does the Lord's humble servant live by chanting the Naam, the Name of the Lord. ||1||	ਤਿਵੇਂ ਹਰੀ ਦਾ ਦਾਸ ਹਰੀ ਦਾ ਨਾਮ ਚੇਤੇ ਕਰ ਕੇ ਅੰਤਰ ਆਤਮੇ ਹੁਲਾਰੇ ਵਿਚ ਆਉਂਦਾ ਹੈ ॥੧॥
8568	198	ਪੂਤ ਪੇਖਿ ਜਿਉ ਜੀਵਤ ਮਾਤਾ॥		Pooth Paekh Jio Jeevath Maathaa ||	As the mother is rejuvenated upon seeing her son,	ਜਿਵੇਂ ਮਾਂ ਆਪਣੇ ਪੁੱਤਰਾਂ ਨੂੰ ਵੇਖ ਵੇਖ ਕੇ ਜੀਊਂਦੀ ਹੈ,

8569	198	ਓਤਿ ਪੋਤਿ ਜਨੁ ਹਰਿ ਸਿਉ ਰਾਤਾ॥੨॥		Outh Poth Jan Har Sio Raathaa ||2||	Honor and intuitive awareness are acquired through the Name of the Lord God.	ਤਿਵੇਂ ਪਰਮਾਤਮਾ ਦਾ ਭਗਤ ਪਰਮਾਤਮਾ ਨਾਲ ਤਾਣੇ ਪੇਟੇ ਦੇ ਸੂਤਰ ਵਾਂਗ ਰੱਤਾ ਰਹਿੰਦਾ ਹੈ ॥੨॥
8570	198	ਲੋਭੀ ਅਨਦੁ ਕਰੈ ਪੇਖਿ ਧਨਾ॥	ਅਨ-ਦੁ: ਪੋਲਾ ਬੋਲੋ	Lobhee Anadh Karai Paekh Dhhanaa ||	As the greedy man rejoices upon beholding his wealth,	(ਜਿਵੇਂ, ਹੇ ਭਾਈ!) ਲਾਲਚੀ ਮਨੁੱਖ ਧਨ ਵੇਖ ਕੇ ਖ਼ੁਸ਼ੀ ਮਨਾਂਦਾ ਹੈ,
8571	198	ਜਨ ਚਰਨਕਮਲ ਸਿਉ ਲਾਗੋ ਮਨਾ॥੩॥		Jan Charan Kamal Sio Laago Manaa ||3||	Within your heart, meditate on the His Lotus Feet.	ਤਿਵੇਂ ਪਰਮਾਤਮਾ ਦੇ ਭਗਤ ਦਾ ਮਨ ਪਰਮਾਤਮਾ ਦੇ ਸੋਹਣੇ ਚਰਨਾਂ ਨਾਲ ਲਪਟਿਆ ਰਹਿੰਦਾ ਹੈ ॥੩॥
8572	198	ਬਿਸਰੁ ਨਹੀ ਇਕੁ ਤਿਲੁ ਦਾਤਾਰ॥		Bisar Nehee Eik Thil Dhaathaar ||	May I never forget You, for even an instant, O Great Giver!	ਹੇ ਦਾਤਾਰ! ਇਕ ਰਤਾ ਜਿਤਨਾ ਸਮਾ ਭੀ ਨਾਹ ਭੁੱਲ।
8573	198	ਨਾਨਕ ਕੇ ਪ੍ਰਭ ਪ੍ਰਾਨ ਅਧਾਰ॥੪॥੯੩॥੧੬੨॥		Naanak Kae Prabh Praan Adhhaar ||4||93||162||	Nanak's God is the Support of his breath of life. ||4||93||162||	ਹੇ ਨਾਨਕ ਦੇ ਪ੍ਰਾਣਾਂ ਦੇ ਆਸਰੇ ਪ੍ਰਭੂ! (ਤੂੰ ਮੈਨੂੰ ਨਾਹ ਭੁੱਲੇਂ)! ॥੪॥੯੩॥੧੬੨॥
8574	198	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8575	198	ਰਾਮ ਰਸਾਇਣਿ ਜੋ ਜਨ ਗੀਧੇ॥	(ਗੀੱਧੇ) ਰੀਝੇ	Raam Rasaaein Jo Jan Geedhhae ||	God Himself bestows peace and pleasure. ||1||Pause||	(ਹੇ ਭਾਈ!) ਜੇਹੜੇ ਮਨੁੱਖ ਸਭ ਤੋਂ ਸ੍ਰੇਸ਼ਟ ਹਰਿ-ਨਾਮ-ਰਸ ਵਿਚ ਮਸਤ ਰਹਿੰਦੇ ਹਨ,

8576	198	ਚਰਨਕਮਲ ਪ੍ਰੇਮ ਭਗਤੀ ਬੀਧੇ॥੧॥ਰਹਾਉ॥	(ਬੀੱਧੇ) ਵਿੰਨ੍ਹੇ	Charan Kamal Praem Bhagathee Beedhhae ||1|| Rehaao ||	Misfortune occurs where the Lord is not remembered in meditation.	ਉਹ ਮਨੁੱਖ ਪਰਮਾਤਮਾ ਦੇ ਸੁਹਣੇ ਚਰਨਾਂ ਦੀ ਪ੍ਰੇਮ-ਭਗਤੀ ਵਿੱਚ ਵਿੱਝੇ ਰਹਿੰਦੇ ਹਨ (ਜਿਵੇਂ ਭੌਰਾ ਫੁੱਲ ਵਿਚ ਵਿੱਝ ਜਾਂਦਾ ਹੈ) ॥੧॥ ਰਹਾਉ ॥
8577	198	ਆਨ ਰਸਾ ਦੀਸਹਿ ਸਭਿ ਛਾਰੁ॥	(ਛਾਰੁ) ਸੁਆਹ	Aan Rasaa Dheesehi Sabh Shhaar ||	All other pleasures look like ashes;	(ਹੇ ਭਾਈ! ਉਹਨਾਂ ਮਨੁੱਖਾਂ ਨੂੰ ਦੁਨੀਆ ਦੇ) ਹੋਰ ਸਾਰੇ ਰਸ (ਪ੍ਰਭੂ-ਨਾਮ-ਰਸ ਦੇ ਟਾਕਰੇ ਤੇ) ਸੁਆਹ ਦਿੱਸਦੇ ਹਨ,
8578	198	ਨਾਮ ਬਿਨਾ ਨਿਹਫਲ ਸੰਸਾਰ॥੧॥		Naam Binaa Nihafal Sansaar ||1||	Without the Naam, the Name of the Lord, the world is fruitless. ||1||	ਪਰਮਾਤਮਾ ਦੇ ਨਾਮ ਤੋਂ ਬਿਨਾ ਸੰਸਾਰ ਦੇ ਸਾਰੇ ਪਦਾਰਥ ਉਹਨਾਂ ਨੂੰ ਵਿਅਰਥ ਜਾਪਦੇ ਹਨ ॥੧॥
8579	198	ਅੰਧ ਕੂਪ ਤੇ ਕਾਢੇ ਆਪਿ॥		Andhh Koop Thae Kaadtae Aap ||	He Himself rescues us from the deep dark well.	(ਹੇ ਭਾਈ!) ਉਹਨਾਂ ਨੂੰ ਪਰਮਾਤਮਾ) ਆਪ (ਮਾਇਆ ਦੇ ਮੋਹ ਦੇ) ਅੰਨ੍ਹੇ ਖੂਹ ਵਿਚੋਂ ਕੱਢ ਲੈਂਦਾ ਹੈ,
8580	198	ਗੁਣ ਗੋਵਿੰਦ ਅਚਰਜ ਪਰਤਾਪ॥੨॥	ਅ-ਚਰਜ	Gun Govindh Acharaj Parathaap ||2||	Wondrous and Glorious are the Praises of the Lord of the Universe. ||2||	(ਜੇਹੜੇ ਮਨੁੱਖ ਪਰਮਾਤਮਾ ਦੇ ਗੁਣ ਗਾਂਦੇ ਹਨ) ਗੋਬਿੰਦ ਦੇ ਗੁਣ ਅਸਚਰਜ ਪਰਤਾਪ ਵਾਲੇ ਹਨ ॥੨॥
8581	198	ਵਨਿ ਤ੍ਰਿਨਿ ਤ੍ਰਿਭਵਣਿ ਪੂਰਨ ਗੋਪਾਲ॥	(ਤ੍ਰਿ ਣਿ) ਕੱਖ। (ਤ੍ਰਿ ਭਵਣਿ) ਕੋਟਿ ਬ੍ਰਹਮੰਡ ਦੀ ਰਚਨਾ	Van Thrin Thribhavan Pooran Gopaal ||	In the woods and meadows, and throughout the three worlds, the Sustainer of the Universe is pervading.	(ਹੇ ਭਾਈ! ਹਰਿ-ਨਾਮ-ਰਸ ਵਿਚ ਮਸਤ ਬੰਦਿਆਂ ਨੂੰ) ਸ੍ਰਿਸ਼ਟੀ ਦਾ ਪਾਲਣਹਾਰ ਪ੍ਰਭੂ ਵਣ ਵਿਚ ਤ੍ਰਿਣ ਵਿਚ ਤਿੰਨ-ਭਵਨੀ ਸੰਸਾਰ ਵਿਚ ਵਿਆਪਕ ਦਿੱਸਦਾ ਹੈ,

8582	198	ਬ੍ਰਹਮ ਪਸਾਰੁ ਜੀਅ ਸੰਗਿ ਦਇਆਲ॥੩॥	(ਪਸਾਰੁ) ਪਸਾਰਾ	Breham Pasaar Jeea Sang Dhaeiaal ||3||	The Expansive Lord God is Merciful to all beings. ||3||	ਉਹਨਾਂ ਨੂੰ ਇਹ ਸਾਰਾ ਜਗਤ ਪਰਮਾਤਮਾ ਦਾ ਖਿਲਾਰਾ ਦਿੱਸਦਾ ਹੈ, ਪਰਮਾਤਮਾ ਸਭ ਜੀਵਾਂ ਦੇ ਅੰਗ-ਸੰਗ ਪ੍ਰਤੀਤ ਹੁੰਦਾ ਹੈ, ਤੇ ਦਇਆ ਦਾ ਘਰ ਦਿੱਸਦਾ ਹੈ ॥੩॥
8583	198	ਕਹੁ ਨਾਨਕ ਸਾ ਕਥਨੀ ਸਾਰੁ॥	(ਸਾਰੁ) ਸ੍ਰੇਸ਼ਟ, ਸੰਭਾਲ	Kahu Naanak Saa Kathhanee Saar ||	Says Nanak, that speech alone is excellent,	ਨਾਨਕ ਆਖਦਾ ਹੈ- (ਹੇ ਭਾਈ! ਤੂੰ ਭੀ ਆਪਣੇ ਹਿਰਦੇ ਵਿਚ) ਉਹ ਸਿਫ਼ਤ-ਸਾਲਾਹ ਸੰਭਾਲ,
8584	198	ਮਾਨਿ ਲੇਤੁ ਜਿਸੁ ਸਿਰਜਨਹਾਰੁ॥੪॥੯੪॥੧੬੩॥		Maan Laeth Jis Sirajanehaar ||4||94||163||	Which is approved by the Creator Lord. ||4||94||163||	ਜਿਸ (ਸਿਫ਼ਤ-ਸਾਲਾਹ-ਰੂਪ ਕਥਨੀ) ਨੂੰ ਸਿਰਜਣਹਾਰ ਪ੍ਰਭੂ ਆਦਰ-ਸਤਕਾਰ ਦੇਂਦਾ ਹੈ ॥੪॥੯੪॥੧੬੩॥
8585	198	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8586	198	ਨਿਤਪ੍ਰਤਿ ਨਾਵਣੁ ਰਾਮ ਸਰਿ ਕੀਜੈ॥	(ਸਰਿ) ਸਰੋਵਰ। ਨ੍ਹਾਵਣੁ	Nithaprath Naavan Raam Sar Keejai ||	Every day, take your bath in the Sacred Pool of the Lord.	(ਹੇ ਭਾਈ!) ਪਰਮਾਤਮਾ ਦੇ ਨਾਮ-ਸਰ ਵਿਚ ਸਦਾ ਹੀ ਇਸ਼ਨਾਨ ਕਰਨਾ ਚਾਹੀਦਾ ਹੈ।
8587	198	ਝੋਲਿ ਮਹਾ ਰਸੁ ਹਰਿ ਅੰਮ੍ਰਿਤੁ ਪੀਜੈ॥੧॥ਰਹਾਉ॥	(ਝੋਲਿ) ਰਿੜਕ ਕੇ	Jhol Mehaa Ras Har Anmrith Peejai ||1|| Rehaao ||	Mix and drink in the most delicious, sublime Ambrosial Nectar of the Lord. ||1||Pause||	(ਪਰਮਾਤਮਾ ਦੇ ਨਾਮ ਦਾ ਰਸ) ਸਭ ਤੋਂ ਸ੍ਰੇਸ਼ਟ ਰਸ ਹੈ, ਆਤਮਕ ਜੀਵਨ ਦੇਣ ਵਾਲੇ ਇਸ ਹਰਿ-ਨਾਮ-ਰਸ ਨੂੰ ਬੜੇ ਪ੍ਰੇਮ ਨਾਲ ਪੀਣਾ ਚਾਹੀਦਾ ਹੈ ॥੧॥ ਰਹਾਉ ॥

8588	198	ਨਿਰਮਲ ਉਦਕੁ ਗੋਵਿੰਦ ਕਾ ਨਾਮ॥	ਉਦਕੁ: ਪੋਲਾ ਬੋਲੋ। (ਉਦਕੁ) ਪਾਣੀ	Niramal Oudhak Govindh Kaa Naam ||	The water of the Name of the Lord of the Universe is immaculate and pure.	(ਹੇ ਭਾਈ!) ਪਰਮਾਤਮਾ ਦਾ ਨਾਮ ਪਵਿਤ੍ਰ ਜਲ ਹੈ,
8589	198	ਮਜਨੁ ਕਰਤ ਪੂਰਨ ਸਭਿ ਕਾਮ॥੧॥	(ਮੱਜਨੁ) ਇਸ਼ਨਾਨ	Majan Karath Pooran Sabh Kaam ||1||	Take your cleansing bath in it, and all your affairs shall be resolved. ||1||	(ਇਸ ਜਲ ਵਿਚ) ਇਸ਼ਨਾਨ ਕਰਦਿਆਂ ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ (ਸਭ ਵਾਸ਼ਨਾਂ ਮੁੱਕ ਜਾਂਦੀਆਂ ਹਨ) ॥੧॥
8590	199	ਸੰਤਸੰਗਿ ਤਹ ਗੋਸਟਿ ਹੋਇ॥	(ਗੋਸਟਿ) ਚਰਚਾ	Santhasang Theh Gosatt Hoe ||	In the Society of the Saints, spiritual conversations take place.	(ਹੇ ਭਾਈ!) ਉਥੇ (ਉਸ ਹਰਿ-ਨਾਮ-ਜਲ ਵਿਚ ਚੁੱਭੀ ਲਾਂਦਿਆਂ) ਪ੍ਰਭੂ-ਸੰਤ ਨਾਲ ਮਿਲਾਪ ਹੋ ਜਾਂਦਾ ਹੈ,
8591	199	ਕੋਟਿ ਜਨਮ ਕੇ ਕਿਲਵਿਖ ਖੋਇ॥੨॥	(ਕਿਲਵਿਖ) ਪਾਪ	Kott Janam Kae Kilavikh Khoe ||2||	The sinful mistakes of millions of incarnations are erased. ||2||	(ਤੇ, ਮਨੁੱਖ ਆਪਣੇ) ਕ੍ਰੋੜਾਂ ਜਨਮਾਂ ਦੇ (ਕੀਤੇ ਹੋਏ) ਪਾਪ ਦੂਰ ਕਰ ਲੈਂਦਾ ਹੈ ॥੨॥
8592	199	ਸਿਮਰਹਿ ਸਾਧ ਕਰਹਿ ਆਨੰਦੁ॥		Simarehi Saadhh Karehi Aanandh ||	The Holy Saints meditate in remembrance, in ecstasy.	(ਹੇ ਭਾਈ! ਜੇਹੜੇ) ਗੁਰਮੁਖ ਬੰਦੇ (ਹਰਿ-ਨਾਮ) ਸਿਮਰਦੇ ਹਨ, ਉਹ ਆਤਮਕ ਆਨੰਦ ਮਾਣਦੇ ਹਨ,
8593	199	ਮਨਿ ਤਨਿ ਰਵਿਆ ਪਰਮਾਨੰਦੁ॥੩॥	(ਰਵਿਆ) ਸਮਾਏ	Man Than Raviaa Paramaanandh ||3||	Their minds and bodies are immersed in supreme ecstasy. ||3||	ਉਹਨਾਂ ਨੂੰ ਆਪਣੇ ਮਨ ਵਿਚ ਆਪਣੇ ਹਿਰਦੇ ਵਿਚ ਸਭ ਤੋਂ ਸ੍ਰੇਸ਼ਟ ਆਨੰਦ ਦਾ ਮਾਲਕ ਪਰਮਾਤਮਾ ਹਰ ਵੇਲੇ ਮੌਜੂਦ ਦਿੱਸਦਾ ਹੈ ॥੩॥

8594	199	ਜਿਸਹਿ ਪਰਾਪਤਿ ਹਰਿ ਚਰਣ ਨਿਧਾਨ॥		Jisehi Paraapath Har Charan Nidhhaan ||	Slave Nanak is a sacrifice to those	ਪਰਮਾਤਮਾ ਦੇ ਚਰਨਾਂ ਦੇ ਖ਼ਜ਼ਾਨੇ ਜਿਸ ਮਨੁੱਖ ਨੂੰ ਲੱਭ ਪੈਂਦੇ ਹਨ,
8595	199	ਨਾਨਕ ਦਾਸ ਤਿਸਹਿ ਕੁਰਬਾਨ॥੪॥੯੫॥੧੬੪॥		Naanak Dhaas Thisehi Kurabaan ||4||95||164||	Who have obtained the treasure of the Lord's Feet. ||4||95||164||	ਹੇ ਨਾਨਕ! (ਆਖ-) ਉਸ ਮਨੁੱਖ ਤੋਂ ਪ੍ਰਭੂ ਦੇ ਭਗਤ-ਸੇਵਕ ਕੁਰਬਾਨ ਜਾਂਦੇ ਹਨ ॥੪॥੯੫॥੧੬੪॥
8596	199	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8597	199	ਸੋ ਕਿਛੁ ਕਰਿ ਜਿਤੁ ਮੈਲੁ ਨ ਲਾਗੈ॥		So Kishh Kar Jith Mail N Laagai ||	Do only that, by which no filth or pollution shall stick to you.	(ਹੇ ਭਾਈ!) ਉਹ (ਧਾਰਮਿਕ) ਉੱਦਮ ਕਰ, ਜਿਸ ਦੇ ਕਰਨ ਨਾਲ ਤੇਰੇ ਮਨ ਨੂੰ ਵਿਕਾਰਾਂ ਦੀ ਮੈਲ ਨ ਲੱਗ ਸਕੇ,
8598	199	ਹਰਿ ਕੀਰਤਨ ਮਹਿ ਏਹੁ ਮਨੁ ਜਾਗੈ॥੧॥ਰਹਾਉ॥		Har Keerathan Mehi Eaehu Man Jaagai ||1|| Rehaao ||	Let your mind remain awake and aware, singing the Kirtan of the Lord's Praises. ||1||Pause||	ਤੇ ਤੇਰਾ ਇਹ ਮਨ ਪਰਮਾਤਮਾ ਦੀ ਸਿਫ਼ਤ-ਸਾਲਾਹ ਵਿਚ ਟਿਕ ਕੇ (ਵਿਕਾਰਾਂ ਦੇ ਹੱਲਿਆਂ ਵਲੋਂ) ਸੁਚੇਤ ਰਹੇ ॥੧॥ ਰਹਾਉ ॥
8599	199	ਏਕੋ ਸਿਮਰਿ ਨ ਦੂਜਾ ਭਾਉ॥		Eaeko Simar N Dhoojaa Bhaao ||	Meditate in remembrance on the One Lord; do not be in love with duality.	(ਹੇ ਭਾਈ!) ਸਿਰਫ਼ ਇਕ ਪਰਮਾਤਮਾ ਦਾ ਨਾਮ ਜਪ, ਕਿਸੇ ਹੋਰ ਦਾ ਪਿਆਰ (ਆਪਣੇ ਮਨ ਵਿਚ) ਨਾਹ ਲਿਆ।

8600	199	ਸੰਤਸੰਗਿ ਜਪਿ ਕੇਵਲ ਨਾਉ॥੧॥		Santhasang Jap Kaeval Naao ||1||	In the Society of the Saints, chant only the Name. ||1||	ਸਾਧ ਸੰਗਤਿ ਵਿਚ ਟਿਕ ਕੇ ਸਿਰਫ਼ ਪਰਮਾਤਮਾ ਦਾ ਨਾਮ ਜਪਿਆ ਕਰ ॥੧॥
8601	199	ਕਰਮ ਧਰਮ ਨੇਮ ਬ੍ਰਤ ਪੂਜਾ॥	ਪੂਜਾ: ਪੋਲਾ ਬੋਲੋ	Karam Dhharam Naem Brath Poojaa ||	The karma of good actions, the Dharma of righteous living, religious rituals, fasts and worship	(ਹੇ ਭਾਈ! ਮਿਥੇ ਹੋਏ) ਧਾਰਮਿਕ ਕਰਮ, ਵਰਤ ਪੂਜਾ ਆਦਿਕ (ਬਣਾਏ ਹੋਏ) ਨੇਮ-
8602	199	ਪਾਰਬ੍ਰਹਮ ਬਿਨੁ ਜਾਨੁ ਨ ਦੂਜਾ॥੨॥		Paarabreham Bin Jaan N Dhoojaa ||2||	Practice these, but do not know any other than the Supreme Lord God. ||2||	ਪਰਮਾਤਮਾ ਦੇ ਸਿਮਰਨ ਤੋਂ ਬਿਨਾ ਅਜੇਹੇ ਕਿਸੇ ਦੂਜੇ ਕੰਮ ਨੂੰ (ਉੱਚੇ ਆਤਮਕ ਜੀਵਨ ਵਾਸਤੇ ਸਹਾਇਕ) ਨਾਹ ਸਮਝ ॥੨॥
8603	199	ਤਾ ਕੀ ਪੂਰਨ ਹੋਈ ਘਾਲ॥	(ਘਾਲ) ਸੇਵਾ	Thaa Kee Pooran Hoee Ghaal ||	Their works are brought to fruition.	(ਹੇ ਭਾਈ! ਸਿਰਫ਼) ਉਸ ਮਨੁੱਖ ਦੀ ਮਿਹਨਤ ਸਫਲ ਹੁੰਦੀ ਹੈ,
8604	199	ਜਾ ਕੀ ਪ੍ਰੀਤਿ ਅਪੁਨੇ ਪ੍ਰਭ ਨਾਲਿ॥੩॥		Jaa Kee Preeth Apunae Prabh Naal ||3||	Those who place their love in God ||3||	ਜਿਸ ਦੀ ਪ੍ਰੀਤਿ ਆਪਣੇ ਪਰਮਾਤਮਾ ਦੇ ਨਾਲ ਬਣੀ ਹੋਈ ਹੈ ॥੩॥
8605	199	ਸੋ ਬੈਸਨੋ ਹੈ ਅਪਰ ਅਪਾਰੁ॥		So Baisano Hai Apar Apaar ||	Infinitely invaluable is that Vaishnaav, that worshipper of Vishnu,	(ਕਰਮ ਧਰਮ ਨੇਮ ਬ੍ਰਤ ਪੂਜਾ ਕਰਨ ਵਾਲਾ ਮਨੁੱਖ ਅਸਲ ਬੈਸਨੋ ਨਹੀਂ ਹੈ) ਉਹ ਬੈਸਨੋ ਪਰੇ ਤੋਂ ਪਰੇ ਤੇ ਸ੍ਰੇਸ਼ਟ ਹੈ,

8606	199	ਕਹੁ ਨਾਨਕ ਜਿਨਿ ਤਜੇ ਬਿਕਾਰ॥੪॥੯੬॥੧੬੫॥	(ਤਜੇ) ਛੱਡੇ	Kahu Naanak Jin Thajae Bikaar ||4||96||165||	Says Nanak, who has renounced corruption. ||4||96||165||	ਨਾਨਕ ਆਖਦਾ ਹੈ- ਜਿਸ ਨੇ (ਸਾਧ ਸੰਗਤਿ ਵਿਚ ਟਿਕ ਕੇ ਸਿਮਰਨ ਦੀ ਬਰਕਤਿ ਨਾਲ ਆਪਣੇ ਅੰਦਰੋਂ) ਸਾਰੇ ਵਿਕਾਰ ਦੂਰ ਕਰ ਲਏ ਹਨ ॥੪॥੯੬॥੧੬੫॥
8607	199	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8608	199	ਜੀਵਤ ਛਾਡਿ ਜਾਹਿ ਦੇਵਾਨੇ॥	(ਦੇਵਾਨੇ) ਮੂਰਖ	Jeevath Shhaadd Jaahi Dhaevaanae ||	They desert you even when you are alive, O madman;	ਹੇ ਝੱਲੇ ਮਨੁੱਖ! ਜੇਹੜੇ ਮਾਇਕ ਪਦਾਰਥ ਮਨੁੱਖ ਨੂੰ ਜੀਊਂਦੇ ਨੂੰ ਹੀ ਛੱਡ ਜਾਂਦੇ ਹਨ,
8609	199	ਮੁਇਆ ਉਨ ਤੇ ਕੋ ਵਰਸਾਂਨੇ॥੧॥	(ਕੋ) ਕੌਣ। (ਵਰਸਾਂਨੇ) ਲਾਭ ਉਠਾ ਸਕਦਾ	Mueiaa Oun Thae Ko Varasaannae ||1||	What good can they do when someone is dead? ||1||	ਮੌਤ ਆਉਣ ਤੇ ਉਹਨਾਂ ਪਾਸੋਂ ਕੌਣ ਕੋਈ ਲਾਭ ਉਠਾ ਸਕਦਾ ਹੈ? ॥੧॥
8610	199	ਸਿਮਰਿ ਗੋਵਿੰਦੁ ਮਨਿ ਤਨਿ ਧੁਰਿ ਲਿਖਿਆ॥		Simar Govindh Man Than Dhhur Likhiaa ||	Meditate in remembrance on the Lord of the Universe in your mind and body - this is your pre-ordained destiny.	(ਹੇ ਭਾਈ!) ਪਰਮਾਤਮਾ ਦਾ ਨਾਮ ਸਿਮਰ, (ਇਹ ਸਿਮਰਨ-ਲੇਖ ਹੀ ਧੁਰੋਂ ਰੱਬੀ ਨਿਯਮ ਅਨੁਸਾਰ ਤੇਰੇ ਮਨ ਵਿਚ ਤੇਰੇ ਹਿਰਦੇ ਵਿਚ (ਸਦਾ ਲਈ) ਉੱਕਰਿਆ ਰਹਿ ਸਕਦਾ ਹੈ,
8611	199	ਕਾਹੂ ਕਾਜ ਨ ਆਵਤ ਬਿਖਿਆ॥੧॥ਰਹਾਉ॥		Kaahoo Kaaj N Aavath Bikhiaa ||1|| Rehaao ||	The poison of Maya is of no use at all. ||1||Pause||	ਪਰ ਇਹ ਮਾਇਆ (ਜਿਸ ਦੀ ਖ਼ਾਤਰ ਸਾਰੀ ਉਮਰ ਦੌੜ-ਭੱਜ ਕਰਦਾ ਹੈਂ, ਆਖ਼ਿਰ) ਕਿਸੇ ਕੰਮ ਨਹੀਂ ਆਉਂਦੀ ॥੧॥ ਰਹਾਉ ॥

8612	199	ਬਿਖੈ ਠਗਉਰੀ ਜਿਨਿ ਜਿਨਿ ਖਾਈ॥	(ਠਗਉਰੀ) ਠੱਗ ਬੂਟੀ	Bikhai Thagouree Jin Jin Khaaee ||	Those who have eaten this poison of deception	(ਹੇ ਭਾਈ! ਚੇਤੇ ਰੱਖ) ਜਿਸ ਜਿਸ ਮਨੁੱਖ ਨੇ ਵਿਸ਼ਿਆਂ ਦੀ ਠਗ-ਬੂਟੀ ਖਾ ਲਈ ਹੈ,
8613	199	ਤਾ ਕੀ ਤ੍ਰਿਸਨਾ ਕਬਹੂੰ ਨ ਜਾਈ॥੨॥		Thaa Kee Thrisanaa Kabehoon N Jaaee ||2||	- their thirst shall never depart. ||2||	(ਵਿਕਾਰਾਂ ਦੀ) ਉਸ ਦੀ ਤ੍ਰਿਸ਼ਨਾ ਕਦੇ ਭੀ ਮਿਟਦੀ ਨਹੀਂ ॥੨॥
8614	199	ਦਾਰਨ ਦੁਖ ਦੁਤਰ ਸੰਸਾਰੁ॥	(ਦਾਰਨ) ਭਿਆਨਕ। ਸੰਸਾਰ ਤਰਨਾ (ਦੁੱਤ-ਰ) ਕਠਨ	Dhaaran Dhukh Dhuthar Sansaar ||	The treacherous world-ocean is filled with terrible pain.	(ਹੇ ਭਾਈ!) ਇਸ ਸੰਸਾਰ (-ਸਮੁੰਦਰ) ਤੋਂ ਪਾਰ ਲੰਘਣਾ ਬਹੁਤ ਔਖਾ ਹੈ। ਇਹ ਬੜੇ ਭਿਆਨਕ ਦੁੱਖਾਂ ਨਾਲ ਭਰਪੂਰ ਹੈ।
8615	199	ਰਾਮ ਨਾਮ ਬਿਨੁ ਕੈਸੇ ਉਤਰਸਿ ਪਾਰਿ॥੩॥		Raam Naam Bin Kaisae Outharas Paar ||3||	In the Saadh Sangat, the Company of the Holy, corruption is eradicated.	ਤੂੰ ਪਰਮਾਤਮਾ ਦੇ ਨਾਮ ਤੋਂ ਬਿਨਾ ਕਿਸ ਤਰ੍ਹਾਂ ਇਸ ਤੋਂ ਪਾਰ ਲੰਘ ਸਕੇਂਗਾ? ॥੩॥
8616	199	ਸਾਧਸੰਗਿ ਮਿਲਿ ਦੁਇ ਕੁਲ ਸਾਧਿ॥	(ਦੁਇ ਕੁਲ) ਲੋਕ ਪਰਲੋਕ	Saadhhasang Mil Dhue Kul Saadhh ||	Joining the Saadh Sangat, the Company of the Holy, you shall be saved here and hereafter.	ਹੇ ਭਾਈ! ਸਾਧ ਸੰਗਤਿ ਵਿਚ ਮਿਲ ਕੇ ਤੇ ਇਹ ਲੋਕ ਤੇ ਪਰਲੋਕ ਦੋਵੇਂ ਹੀ ਸੰਵਾਰ ਲੈ।
8617	199	ਰਾਮ ਨਾਮ ਨਾਨਕ ਆਰਾਧਿ॥੪॥੯੭॥ ੧੬੬॥	(ਆਰਾਧਿ) ਜਪ	Raam Naam Naanak Aaraadhh ||4||97||166||	O Nanak, worship and adore the Name of the Lord. ||4||97||166||	ਹੇ ਨਾਨਕ! ਪਰਮਾਤਮਾ ਦਾ ਨਾਮ ਸਿਮਰ ॥੪॥੯੭॥੧੬੬॥

8618	199	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8619	199	ਗਰੀਬਾ ਉਪਰਿ ਜਿ ਖਿੰਜੈ ਦਾੜੀ॥	(ਖਿੰਜੈ) ਖਿੱਚੇ ਦਾੜ੍ਹੀ ਭਾਵ ਗੁੱਸੇ ਹੋਣਾ ਵਾ ਵੰਗਾਰ ਕੇ ਕਹਿਣਾ	Gareebaa Oupar J Khinjai Dhaarree ||	The bearded emperor who struck down the poor,	(ਹੇ ਭਾਈ! ਵੇਖ ਉਸ ਦਾ ਨਿਆਂ!) ਜੇਹੜੀ ਦਾੜ੍ਹੀ ਗਰੀਬਾਂ ਉਤੇ ਖਿੱਝਦੀ ਰਹਿੰਦੀ ਹੈ,
8620	199	ਪਾਰਬ੍ਰਹਮਿ ਸਾ ਅਗਨਿ ਮਹਿ ਸਾੜੀ॥੧॥		Paarabreham Saa Agan Mehi Saarree ||1||	Has been burnt in the fire by the Supreme Lord God. ||1||	ਪਾਰਬ੍ਰਹਮ-ਪ੍ਰਭੂ ਨੇ ਉਹ ਦਾੜ੍ਹੀ ਅੱਗ ਵਿਚ ਸਾੜ ਦਿੱਤੀ (ਹੁੰਦੀ) ਹੈ (ਭਾਵ, ਜੇਹੜਾ ਮਨੁੱਖ ਅਹੰਕਾਰ ਵਿਚ ਆ ਕੇ ਦੂਜਿਆਂ ਨੂੰ ਦੁੱਖੀ ਕਰਦਾ ਹੈ, ਉਹ ਆਪ ਭੀ ਕ੍ਰੋਧ-ਅੱਗ ਵਿਚ ਸੜਦਾ ਰਹਿੰਦਾ ਹੈ) ॥੧॥
8621	199	ਪੂਰਾ ਨਿਆਉ ਕਰੇ ਕਰਤਾਰੁ॥		Pooraa Niaao Karae Karathaar ||	The Creator administers true justice.	(ਹੇ ਭਾਈ!) ਜੀਵਾਂ ਨੂੰ ਪੈਦਾ ਕਰਨ ਵਾਲਾ ਪਰਮਾਤਮਾ (ਸਦਾ) ਨਿਆਂ ਕਰਦਾ ਹੈ (ਐਸਾ ਨਿਆਂ) ਜਿਸ ਵਿਚ ਕੋਈ ਊਕਾਈ ਨਹੀਂ ਹੁੰਦੀ।
8622	199	ਅਪੁਨੇ ਦਾਸ ਕਉ ਰਾਖਨਹਾਰੁ॥੧॥ਰਹਾਉ॥		Apunae Dhaas Ko Raakhanehaar ||1|| Rehaao ||	He is the Saving Grace of His slaves. ||1||Pause||	ਉਹ ਕਰਤਾਰ ਆਪਣੇ ਸੇਵਕਾਂ ਦੀ ਸਹਾਇਤਾ ਕਰਨ ਦੀ ਸਮਰੱਥਾ ਵਾਲਾ ਹੈ ॥੧॥ ਰਹਾਉ ॥
8623	199	ਆਦਿ ਜੁਗਾਦਿ ਪ੍ਰਗਟਿ ਪਰਤਾਪੁ॥		Aadh Jugaadh Pragatt Parathaap ||	In the beginning, and throughout the ages, His glory is manifest.	(ਹੇ ਭਾਈ! ਜਗਤ ਦੇ) ਸ਼ੁਰੂ ਤੋਂ, ਜੁਗਾਂ ਦੇ ਸ਼ੁਰੂ ਤੋਂ ਹੀ ਪਰਮਾਤਮਾ ਦਾ ਤੇਜ-ਪਰਤਾਪ ਪਰਗਟ ਹੁੰਦਾ ਆਇਆ ਹੈ,

8624	199	ਨਿੰਦਕੁ ਮੁਆ ਉਪਜਿ ਵਡ ਤਾਪੁ॥੨॥		Nindhak Muaa Oupaj Vadd Thaap ||2||	The slanderer died after contracting the deadly fever. ||2||	(ਕਿ ਦੂਜਿਆਂ ਦੀ) ਨਿੰਦਾ ਕਰਨ ਵਾਲਾ ਮਨੁੱਖ (ਆਪ) ਆਤਮਕ ਮੌਤੇ ਮਰਿਆ ਰਹਿੰਦਾ ਹੈ, (ਉਸ ਦੇ ਆਪਣੇ ਅੰਦਰ ਨਿੰਦਾ ਦੇ ਕਾਰਨ) ਬੜਾ ਦੁੱਖ-ਕਲੇਸ਼ ਬਣਿਆ ਰਹਿੰਦਾ ਹੈ ॥੨॥
8625	199	ਤਿਨਿ ਮਾਰਿਆ ਜਿ ਰਖੈ ਨ ਕੋਇ॥		Thin Maariaa J Rakhai N Koe ||	He is killed, and no one can save him.	(ਹੇ ਭਾਈ! ਗਰੀਬਾਂ ਉਤੇ ਵਧੀਕੀ ਕਰਨ ਵਾਲੇ ਮਨੁੱਖ ਨੂੰ) ਉਸ ਪਰਮਾਤਮਾ ਨੇ (ਆਪ) ਆਤਮਕ ਮੌਤੇ ਮਾਰ ਦਿੱਤਾ ਹੁੰਦਾ ਹੈ ਜਿਸ ਤੋਂ (ਪਰਮਾਤਮਾ ਤੋਂ ਬਿਨਾ) ਹੋਰ ਕੋਈ ਬਚਾ ਨਹੀਂ ਸਕਦਾ,
8626	199	ਆਗੈ ਪਾਛੈ ਮੰਦੀ ਸੋਇ॥੩॥	ਮੰਦੀ (ਸੋਇ) ਸੋਭਾ ਭਾਵ ਬਦਨਾਮੀ	Aagai Paashhai Mandhee Soe ||3||	Here and hereafter, his reputation is evil. ||3||	(ਅਜੇਹੇ ਮਨੁੱਖ ਦੀ) ਇਸ ਲੋਕ ਵਿਚ ਭੀ ਤੇ ਪਰਲੋਕ ਵਿਚ ਭੀ ਬਦਨਾਮੀ ਹੀ ਹੁੰਦੀ ਹੈ ॥੩॥
8627	199	ਅਪੁਨੇ ਦਾਸ ਰਾਖੈ ਕੰਠਿ ਲਾਇ॥		Apunae Dhaas Raakhai Kanth Laae ||	The Lord hugs His slaves close in His Embrace.	(ਹੇ ਭਾਈ!) ਪਰਮਾਤਮਾ ਆਪਣੇ ਸੇਵਕਾਂ ਨੂੰ ਆਪਣੇ ਗਲ ਨਾਲ ਲਾ ਕੇ ਰੱਖਦਾ ਹੈ (ਭਾਵ, ਉਹਨਾਂ ਦੇ ਉੱਚੇ ਆਤਮਕ ਜੀਵਨ ਦਾ ਪੂਰਾ ਧਿਆਨ ਰੱਖਦਾ ਹੈ)।
8628	199	ਸਰਣਿ ਨਾਨਕ ਹਰਿ ਨਾਮੁ ਧਿਆਇ॥੪॥੯੮॥ ੧੬੭॥		Saran Naanak Har Naam Dhhiaae ||4||98||167||	Nanak seeks the Lord's Sanctuary, and meditates on the Naam. ||4||98||167||	ਹੇ ਨਾਨਕ! (ਆਖ-) ਉਸ ਪਰਮਾਤਮਾ ਦੀ ਸਰਨ ਪਉ, ਤੇ ਉਸ ਪਰਮਾਤਮਾ ਦਾ ਨਾਮ (ਸਦਾ) ਸਿਮਰ ॥੪॥੯੮॥੧੬੭॥

8629	199	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8630	199	ਮਹਜਰੁ ਝੂਠਾ ਕੀਤੋਨੁ ਆਪਿ॥	ਲਿਖਤ ਤੇ ਬਹੁਤੇ ਦਸਤਖ਼ਤ ਕਰਾ ਕੇ ਜੱਜ ਨੂੰ ਦਿਤਾ (ਮਹ-ਜਰੁ) ਮੇਹਜਰਨਾਮਾ। (ਕੀਤੋਨੁ) ਕੀਤਾ	Mehajar Jhoothaa Keethon Aap ||	The memorandum was proven to be false by the Lord Himself.	(ਹੇ ਭਾਈ! ਵੇਖੋ, ਸਾਡੇ ਵਿਰੁੱਧ ਤਿਆਰ ਕੀਤਾ ਹੋਇਆ) ਮੇਜਰਨਾਮਾ ਕਰਤਾਰ ਨੇ ਆਪ ਝੂਠਾ (ਸਾਬਤ) ਕਰ ਦਿੱਤਾ,
8631	199	ਪਾਪੀ ਕਉ ਲਾਗਾ ਸੰਤਾਪੁ॥੧॥	(ਸੰਤਾਪੁ) ਦੁੱਖ	Paapee Ko Laagaa Santhaap ||1||	The sinner is now suffering in despair. ||1||	(ਤੇ ਝੂਠ ਅਨਰਥ ਥੱਪਣ ਵਾਲੇ) ਪਾਪੀਆਂ ਨੂੰ (ਆਤਮਕ ਤੌਰ ਤੇ) ਬੜਾ ਦੁੱਖ-ਕਲੇਸ਼ ਹੋਇਆ ॥੧॥
8632	199	ਜਿਸਹਿ ਸਹਾਈ ਗੋਬਿਦੁ ਮੇਰਾ॥		Jisehi Sehaaee Gobidh Maeraa ||	Those who have my Lord of the Universe as their support	(ਹੇ ਭਾਈ!) ਮੇਰਾ ਗੋਬਿੰਦ ਜਿਸ ਮਨੁੱਖ ਦਾ ਸਹਾਈ ਬਣਦਾ ਹੈ,
8633	199	ਤਿਸੁ ਕਉ ਜਮੁ ਨਹੀ ਆਵੈ ਨੇਰਾ॥੧॥ਰਹਾਉ॥	(ਨੇਰਾ) ਨੇੜੇ	This Ko Jam Nehee Aavai Naeraa ||1|| Rehaao ||	- death does not even approach them. ||1||Pause||	ਉਸ ਨੂੰ ਮੌਤ ਦਾ ਡਰ ਪੋਹ ਨਹੀਂ ਸਕਦਾ ॥੧॥ ਰਹਾਉ ॥
8634	199	ਸਾਚੀ ਦਰਗਹ ਬੋਲੈ ਕੂੜੁ॥		Saachee Dharageh Bolai Koorr ||	In the True Court, they lie;	(ਹੇ ਭਾਈ!) ਜੇਹੜਾ ਮਨੁੱਖ (ਕਿਸੇ ਨੂੰ ਹਾਨੀ ਪੁਚਾਣ ਵਾਸਤੇ) ਝੂਠ ਬੋਲਦਾ ਹੈ,
8635	199	ਸਿਰੁ ਹਾਥ ਪਛੋੜੈ ਅੰਧਾ ਮੂੜੁ॥੨॥	(ਪਛੋੜੈ) ਪਟਕਦਾ	Sir Haathh Pashhorrai Andhhaa Moorr ||2||	The blind fools strike their own heads with their own hands. ||2||	ਉਹ ਅੰਨ੍ਹਾ ਮੂਰਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਦਰਗਾਹ ਵਿਚ ਆਪਣਾ ਸਿਰ ਆਪਣਾ ਹੱਥਾਂ ਨਾਲ ਪਿੱਟਦਾ ਹੈ (ਭਾਵ, ਉਹ ਪਛੁਤਾਵੇ ਕਰਦਾ ਹੈ) ॥੨॥

8636	199	ਰੋਗ ਬਿਆਪੇ ਕਰਦੇ ਪਾਪ॥		Rog Biaapae Karadhae Paap ||	Sickness afflicts those who commit sins;	(ਹੇ ਭਾਈ!) ਜੇਹੜੇ ਮਨੁੱਖ ਮੰਦੇ ਕੰਮ ਕਰਦੇ ਹਨ (ਉਸ ਦੇ ਨਿਆਂ ਅਨੁਸਾਰ) ਉਹ ਅਨੇਕਾਂ ਰੋਗਾਂ ਵਿਚ ਗ੍ਰਸੇ ਰਹਿੰਦੇ ਹਨ।
8637	199	ਅਦਲੀ ਹੋਇ ਬੈਠਾ ਪ੍ਰਭੁ ਆਪਿ॥੩॥	(ਅਦਲੀ) ਨਿਆਂਕਾਰ	Adhalee Hoe Baithaa Prabh Aap ||3||	God Himself sits as the Judge. ||3||	ਪਰਮਾਤਮਾ ਆਪ ਨਿਆਂ ਕਰਨ ਵਾਲਾ ਬਣ ਕੇ (ਕਚਹਿਰੀ ਲਾਈ) ਬੈਠਾ ਹੋਇਆ ਹੈ (ਉਸ ਨਾਲ ਕੋਈ ਠੱਗੀ ਨਹੀਂ ਹੋ ਸਕਦੀ) ॥੩॥
8638	199	ਅਪਨ ਕਮਾਇਐ ਆਪੇ ਬਾਧੇ॥		Apan Kamaaeiai Aapae Baadhhae ||	By their own actions, they are bound and gagged.	(ਹੇ ਭਾਈ!) ਆਪਣੇ ਕੀਤੇ ਕਰਮਾਂ ਅਨੁਸਾਰ ਜੀਵ ਆਪ ਹੀ (ਮੋਹ ਦੇ ਬੰਧਨਾਂ ਵਿਚ) ਬੱਝੇ ਰਹਿੰਦੇ ਹਨ।
8639	199	ਦਰਬੁ ਗਇਆ ਸਭੁ ਜੀਅ ਕੈ ਸਾਥੈ॥੪॥	(ਦਰਬੁ) ਧਨ	Dharab Gaeiaa Sabh Jeea Kai Saathhai ||4||	All their wealth is gone, along with their lives. ||4||	(ਧਨ ਆਦਿਕ ਦੀ ਖ਼ਾਤਰ ਜੀਵ ਪਾਪ ਕਰਮ ਕਰਦੇ ਹਨ, ਪਰ) ਸਾਰਾ ਹੀ ਧਨ ਜਿੰਦ ਦੇ ਨਾਲ ਹੀ (ਜੀਵ ਦੇ ਹੱਥੋਂ) ਚਲਾ ਜਾਂਦਾ ਹੈ ॥੪॥
8640	199	ਨਾਨਕ ਸਰਨਿ ਪਰੇ ਦਰਬਾਰਿ॥		Naanak Saran Parae Dharabaar ||	Nanak has taken to the Sanctuary of the Lord's Court;	ਜੇਹੜੇ ਮਨੁੱਖ ਪਰਮਾਤਮਾ ਦੀ ਸਰਨ ਪੈਂਦੇ ਹਨ ਪਰਮਾਤਮਾ ਦੇ ਦਰ ਤੇ ਡਿੱਗਦੇ ਹਨ,
8641	199	ਰਾਖੀ ਪੈਜ ਮੇਰੈ ਕਰਤਾਰਿ॥੫॥੯੯॥ ੧੬੮॥	(ਪੈਜ) ਇੱਜ਼ਤ	Raakhee Paij Maerai Karathaar ||5||99||168||	My Creator has preserved my honor. ||5||99||168||	ਹੇ ਨਾਨਕ! (ਆਖ-) ਉਹਨਾਂ ਦੀ ਇੱਜ਼ਤ ਮੇਰੇ ਕਰਤਾਰ ਨੇ ਸਦਾ ਹੀ ਰੱਖ ਲਈ ਹੈ ॥੫॥੯੯॥੧੬੮॥
8642	199	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

8643	199	ਜਨ ਕੀ ਧੂਰਿ ਮਨ ਮੀਠ ਖਟਾਨੀ॥	(ਮੀਠ) ਮਿੱਠੀ (ਖਟਾਨੀ) ਲੱਗੀ	Jan Kee Dhhoor Man Meeth Khattaanee ||	The dust of the feet of the humble beings is so sweet to my mind.	(ਹੇ ਭਾਈ!) ਉਸ ਦੇ ਮਨ ਨੂੰ ਪਰਮਾਤਮਾ ਦੇ ਸੇਵਕ ਦੀ ਚਰਨ-ਧੂੜ ਮਿੱਠੀ ਲੱਗਦੀ ਹੈ,
8644	199	ਪੂਰਬਿ ਕਰਮਿ ਲਿਖਿਆ ਧੁਰਿ ਪ੍ਰਾਨੀ॥੧॥ਰਹਾਉ॥		Poorab Karam Likhiaa Dhhur Praanee ||1|| Rehaao ||	The water of the Name of the Lord of the Universe is immaculate and pure.	ਜਿਸ ਪ੍ਰਾਣੀ ਦੇ ਮੱਥੇ ਉਤੇ ਪੂਰਬਲੇ ਜਨਮ ਵਿਚ ਕੀਤੇ ਕਰਮ ਅਨੁਸਾਰ ਧੁਰ ਦਰਗਾਹ ਤੋਂ ਲੇਖ ਲਿਖਿਆ ਹੁੰਦਾ ਹੈ ॥੧॥ ਰਹਾਉ ॥
8645	200	ਅਹੰਬੁਧਿ ਮਨ ਪੂਰਿ ਥਿਧਾਈ॥	(ਥਿਧਾਈ) ਥੰਧਿਆਈ	Ahanbudhh Man Poor Thhidhhaaee ||	The mind is overflowing with the greasy dirt of egotistical pride.	ਹਉਮੈ ਵਾਲੀ ਬੁੱਧੀ ਦੇ ਕਾਰਨ (ਮਨੁੱਖ ਦੇ) ਮਨ ਨੂੰ (ਹਉਮੈ ਦੀ) ਥਿੰਧਾਈ ਲੱਗੀ ਰਹਿੰਦੀ ਹੈ (ਉਸ ਥਿੰਧਾਈ ਦੇ ਕਾਰਨ ਮਨ ਉਤੇ ਕਿਸੇ ਉਪਦੇਸ਼ ਦਾ ਅਸਰ ਨਹੀਂ ਹੁੰਦਾ, ਜਿਵੇਂ ਥਿੰਧੇ ਭਾਂਡੇ ਉਤੋਂ ਦੀ ਪਾਣੀ ਤਿਲਕ ਜਾਂਦਾ ਹੈ।
8646	200	ਸਾਧ ਧੂਰਿ ਕਰਿ ਸੁਧ ਮੰਜਾਈ॥੧॥		Saadhh Dhhoor Kar Sudhh Manjaaee ||1||	With the dust of the feet of the Holy, it is scrubbed clean. ||1||	ਜਿਸ ਮਨੁੱਖ ਨੂੰ 'ਜਨ ਕੀ ਧੂਰਿ' ਮਿੱਠੀ ਲੱਗਦੀ ਹੈ) ਸਾਧੂ ਦੀ ਚਰਨ-ਧੂੜ ਨਾਲ ਉਸ ਦੀ ਬੁੱਧੀ ਮਾਂਜੀ ਜਾਂਦੀ ਹੈ ਤੇ ਸੁੱਧ ਹੋ ਜਾਂਦੀ ਹੈ ॥੧॥
8647	200	ਅਨਿਕ ਜਲਾ ਜੇ ਧੋਵੈ ਦੇਹੀ॥		Anik Jalaa Jae Dhhovai Dhaehee ||	The body may be washed with loads of water,	ਜੇ ਮਨੁੱਖ ਅਨੇਕਾਂ (ਤੀਰਥਾਂ ਦੇ) ਪਾਣੀਆਂ ਨਾਲ ਆਪਣੇ ਸਰੀਰ ਨੂੰ ਧੋਂਦਾ ਰਹੇ,

8648	200	ਮੈਲੁ ਨ ਉਤਰੈ ਸੁਧੁ ਨ ਤੇਹੀ॥੨॥	(ਸੁੱਧੁ) ਪਵਿੱਤ੍ਰ। (ਤੇਹੀ) ਤਿਸ ਤੋਂ। ਉੱਤਰੈ	Mail N Outharai Sudhh N Thaehee ||2||	And yet its filth is not removed, and it does not become clean. ||2||	ਤਾਂ ਭੀ ਉਸ ਦੇ ਮਨ ਦੀ ਮੈਲ ਨਹੀਂ ਲਹਿੰਦੀ, ਉਸ ਤਰ੍ਹਾਂ (ਭਾਵ, ਤੀਰਥ-ਇਸ਼ਨਾਨਾਂ ਨਾਲ) ਉਹ ਮਨੁੱਖ ਪਵਿਤ੍ਰ ਨਹੀਂ ਹੋ ਸਕਦਾ ॥੨॥
8649	200	ਸਤਿਗੁਰੁ ਭੇਟਿਓ ਸਦਾ ਕ੍ਰਿਪਾਲ॥	(ਭੇਟਿਓ) ਮਿਲੇ	Sathigur Bhaettiou Sadhaa Kirapaal ||	I have met the True Guru, who is merciful forever.	(ਹੇ ਭਾਈ!) ਜਿਸ ਮਨੁੱਖ ਨੂੰ ਸਤਿਗੁਰੂ ਮਿਲ ਪੈਂਦਾ ਹੈ ਜਿਸ ਉਤੇ ਗੁਰੂ ਸਦਾ ਦਇਆਵਾਨ ਰਹਿੰਦਾ ਹੈ,
8650	200	ਹਰਿ ਸਿਮਰਿ ਸਿਮਰਿ ਕਾਟਿਆ ਭਉ ਕਾਲ॥੩॥		Har Simar Simar Kaattiaa Bho Kaal ||3||	Meditating, meditating in remembrance on the Lord, I am rid of the fear of death. ||3||	ਉਹ ਮਨੁੱਖ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ (ਆਪਣੇ ਅੰਦਰੋਂ) ਮੌਤ ਦਾ ਡਰ (ਆਤਮਕ ਮੌਤ ਦਾ ਖ਼ਤਰਾ) ਦੂਰ ਕਰ ਲੈਂਦਾ ਹੈ ॥੩॥
8651	200	ਮੁਕਤਿ ਭੁਗਤਿ ਜੁਗਤਿ ਹਰਿ ਨਾਉ॥		Mukath Bhugath Jugath Har Naao ||	Liberation, pleasures and worldly success are all in the Lord's Name.	ਪਰਮਾਤਮਾ ਦਾ ਨਾਮ ਹੀ ਵਿਕਾਰਾਂ ਤੋਂ ਖ਼ਲਾਸੀ ਦਿਵਾਂਦਾ ਹੈ, ਨਾਮ ਹੀ ਆਤਮਕ ਜੀਵਨ ਦੀ ਖ਼ੁਰਾਕ ਹੈ, ਨਾਮ ਜਪਣਾ ਹੀ ਜੀਵਨ ਦੀ ਸਹੀ ਜੁਗਤੀ ਹੈ।
8652	200	ਪ੍ਰੇਮ ਭਗਤਿ ਨਾਨਕ ਗੁਣ ਗਾਉ॥੪॥੧੦੦॥੧੬੯॥		Praem Bhagath Naanak Gun Gaao ||4||100||169||	With loving devotional worship, O Nanak, sing His Glorious Praises. ||4||100||169||	ਹੇ ਨਾਨਕ! ਪ੍ਰੇਮ-ਭਰੀ ਭਗਤੀ ਨਾਲ ਪਰਮਾਤਮਾ ਦੇ ਗੁਣ ਗਾਂਦਾ ਰਹੁ ॥੪॥੧੦੦॥੧੬੯॥
8653	200	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

8654	200	ਜੀਵਨਪਦਵੀ ਹਰਿ ਕੇ ਦਾਸ॥		Jeevan Padhavee Har Kae Dhaas ||	The Lord's slaves attain the highest status of life.	(ਹੇ ਭਾਈ! ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ, ਉਹ ਹਰੀ ਦੇ ਦਾਸ ਹਨ) ਹਰੀ ਦੇ ਦਾਸਾਂ ਨੂੰ ਉੱਚਾ ਆਤਮਕ ਦਰਜਾ ਪ੍ਰਾਪਤ ਹੈ,
8655	200	ਜਿਨ ਮਿਲਿਆ ਆਤਮ ਪਰਗਾਸੁ॥੧॥		Jin Miliaa Aatham Paragaas ||1||	Meeting them, the soul is enlightened. ||1||	ਉਹਨਾਂ (ਹਰੀ ਦੇ ਦਾਸਾਂ) ਨੂੰ ਮਿਲਿਆਂ ਆਤਮਾ ਨੂੰ (ਗਿਆਨ ਦਾ) ਚਾਨਣ ਮਿਲ ਜਾਂਦਾ ਹੈ ॥੧॥
8656	200	ਹਰਿ ਕਾ ਸਿਮਰਨੁ ਸੁਨਿ ਮਨ ਕਾਨੀ॥	(ਕਾਨੀ) ਕੰਨਾਂ ਨਾਲ	Har Kaa Simaran Sun Man Kaanee ||	Those who listen with their mind and ears to the Lord's meditative remembrance,	ਹੇ ਮੇਰੇ ਮਨ! ਧਿਆਨ ਨਾਲ ਪਰਮਾਤਮਾ ਦਾ ਨਾਮ ਸੁਣਿਆ ਕਰ।
8657	200	ਸੁਖੁ ਪਾਵਹਿ ਹਰਿ ਦੁਆਰ ਪਰਾਨੀ॥੧॥ਰਹਾਉ॥		Sukh Paavehi Har Dhuaar Paraanee ||1|| Rehaao ||	are blessed with peace at the Lord's Gate, O mortal. ||1||Pause||	ਹੇ ਪ੍ਰਾਣੀ! (ਸਿਮਰਨ ਦੀ ਬਰਕਤਿ ਨਾਲ) ਤੂੰ ਹਰੀ ਦੇ ਦਰ ਤੇ ਸੁਖ ਪ੍ਰਾਪਤ ਕਰੇਂਗਾ ॥੧॥ ਰਹਾਉ ॥
8658	200	ਆਠ ਪਹਰ ਧਿਆਈਐ ਗੋਪਾਲੁ॥		Aath Pehar Dhhiaaeeai Gopaal ||	Twenty-four hours a day, meditate on the Sustainer of the World.	ਹੇ ਨਾਨਕ! (ਹਰੀ ਦੇ ਦਾਸਾਂ ਦੀ ਸੰਗਤਿ ਵਿਚ ਰਹਿ ਕੇ) ਅੱਠੇ ਪਹਿਰ ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਨੂੰ ਸਿਮਰਨਾ ਚਾਹੀਦਾ ਹੈ।

8659	200	ਨਾਨਕ ਦਰਸਨੁ ਦੇਖਿ ਨਿਹਾਲੁ॥੨॥੧੦੧॥ ੧੭੦॥		Naanak Dharasan Dhaekh Nihaal ||2||101||170||	O Nanak, gazing on the Blessed Vision of His Darshan, I am enraptured. ||2||101||170||	(ਸਿਮਰਨ ਦੀ ਬਰਕਤਿ ਨਾਲ ਹਰ ਥਾਂ ਪਰਮਾਤਮਾ ਦਾ) ਦਰਸਨ ਕਰ ਕੇ (ਮਨ) ਖਿੜਿਆ ਰਹਿੰਦਾ ਹੈ ॥੨॥੧੦੧॥੧੭੦॥
8660	200	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8661	200	ਸਾਂਤਿ ਭਈ ਗੁਰ ਗੋਬਿਦਿ ਪਾਈ॥		Saanth Bhee Gur Gobidh Paaee ||	Peace and tranquility have come; the Guru, the Lord of the Universe, has brought it.	ਹੇ ਮੇਰੇ ਵੀਰ! ਗੋਬਿੰਦ ਦੇ ਰੂਪ ਗੁਰੂ ਨੇ (ਜਿਸ ਮਨੁੱਖ ਨੂੰ ਨਾਮ ਦੀ ਦਾਤਿ) ਬਖ਼ਸ਼ ਦਿੱਤੀ, ਉਸ ਦੇ ਅੰਦਰ ਠੰਢ ਪੈ ਗਈ,
8662	200	ਤਾਪ ਪਾਪ ਬਿਨਸੇ ਮੇਰੇ ਭਾਈ॥੧॥ਰਹਾਉ॥	(ਬਿਨਸੇ) ਨਾਸ ਹੋਏ	Thaap Paap Binasae Maerae Bhaaee ||1|| Rehaao ||	The burning sins have departed, O my Siblings of Destiny. ||1||Pause||	ਉਸ ਦੇ ਸਾਰੇ ਦੁੱਖ-ਕਲੇਸ਼ ਤੇ ਪਾਪ ਨਾਸ ਹੋ ਗਏ ॥੧॥ ਰਹਾਉ ॥
8663	200	ਰਾਮ ਨਾਮੁ ਨਿਤ ਰਸਨ ਬਖਾਨ॥	(ਬਖਾਨ) ਉਚਾਰ	Raam Naam Nith Rasan Bakhaan ||	With your tongue, continually chant the Lord's Name.	(ਹੇ ਭਾਈ! ਜੇਹੜਾ ਮਨੁੱਖ ਆਪਣੀ ਜੀਭ ਨਾਲ ਸਦਾ ਪਰਮਾਤਮਾ ਦਾ ਨਾਮ ਉਚਾਰਨ ਕਰਦਾ ਹੈ,
8664	200	ਬਿਨਸੇ ਰੋਗ ਭਏ ਕਲਿਆਨ॥੧॥		Binasae Rog Bheae Kaliaan ||1||	Disease shall depart, and you shall be saved. ||1||	ਉਸ ਦੇ ਸਾਰੇ ਰੋਗ ਦੂਰ ਹੋ ਜਾਂਦੇ ਹਨ, ਉਸ ਦੇ ਅੰਦਰ ਆਨੰਦ ਹੀ ਆਨੰਦ ਬਣੇ ਰਹਿੰਦੇ ਹਨ ॥੧॥

8665	200	ਪਾਰਬ੍ਰਹਮ ਗੁਣ ਅਗਮ ਬੀਚਾਰ॥		Paarabreham Gun Agam Beechaar ||	Contemplate the Glorious Virtues of the Unfathomable Supreme Lord God.	(ਹੇ ਭਾਈ!) ਜੇਹੜਾ ਮਨੁੱਖ ਅਪਹੁੰਚ ਪਾਰਬ੍ਰਹਮ ਪ੍ਰਭੂ ਦੇ ਗੁਣਾਂ ਦਾ ਵਿਚਾਰ ਕਰਦਾ ਰਹਿੰਦਾ ਹੈ,
8666	200	ਸਾਧੂਸੰਗਮਿ ਹੈ ਨਿਸਤਾਰ॥੨॥		Saadhhoo Sangam Hai Nisathaar ||2||	In the Saadh Sangat, the Company of the Holy, you shall be emancipated. ||2||	ਗੁਰੂ ਦੀ ਸੰਗਤਿ ਵਿਚ ਰਹਿ ਕੇ ਉਸ ਦਾ (ਸੰਸਾਰ-ਸਮੁੰਦਰ ਤੋਂ) ਪਾਰ-ਉਤਾਰਾ ਹੋ ਜਾਂਦਾ ਹੈ ॥੨॥
8667	200	ਨਿਰਮਲ ਗੁਣ ਗਾਵਹੁ ਨਿਤ ਨੀਤ॥		Niramal Gun Gaavahu Nith Neeth ||	Sing the Glories of God each and every day;	ਹੇ (ਮੇਰੇ) ਮਿੱਤਰ! ਸਦਾ ਪਰਮਾਤਮਾ ਦੇ ਗੁਣ ਗਾਂਦੇ ਰਹੋ।
8668	200	ਗਈ ਬਿਆਧਿ ਉਬਰੇ ਜਨ ਮੀਤ॥੩॥	(ਬਿਆਧਿ) ਰੋਗ	Gee Biaadhh Oubarae Jan Meeth ||3||	Your afflictions shall be dispelled, and you shall be saved, my humble friend. ||3||	(ਜੇਹੜੇ ਮਨੁੱਖ ਗੁਣ ਗਾਂਦੇ ਹਨ, ਉਹਨਾਂ ਦਾ ਹਰੇਕ) ਰੋਗ ਦੂਰ ਹੋ ਜਾਂਦਾ ਹੈ, ਉਹ ਮਨੁੱਖ (ਰੋਗਾਂ ਵਿਕਾਰਾਂ ਤੋਂ) ਬਚੇ ਰਹਿੰਦੇ ਹਨ ॥੩॥
8669	200	ਮਨ ਬਚ ਕ੍ਰਮ ਪ੍ਰਭੁ ਅਪਨਾ ਧਿਆਈ॥		Man Bach Kram Prabh Apanaa Dhhiaaee ||	In thought, word and deed, I meditate on my God.	(ਮਿਹਰ ਕਰ) ਮੈਂ ਆਪਣੇ ਮਨ ਦੀ ਰਾਹੀਂ ਬਚਨਾਂ ਦੀ ਰਾਹੀਂ ਤੇ ਕਰਮਾਂ ਦੀ ਰਾਹੀਂ ਸਦਾ ਆਪਣੇ ਮਾਲਕ-ਪ੍ਰਭੂ ਨੂੰ ਸਿਮਰਦਾ ਰਹਾਂ।
8670	200	ਨਾਨਕ ਦਾਸ ਤੇਰੀ ਸਰਣਾਈ॥੪॥੧੦੨॥੧੭੧॥		Naanak Dhaas Thaeree Saranaaee ||4||102||171||	Slave Nanak has come to Your Sanctuary. ||4||102||171||	ਹੇ ਨਾਨਕ! (ਪ੍ਰਭੂ-ਚਰਨਾਂ ਵਿਚ ਅਰਦਾਸ ਕਰ ਤੇ ਆਖ-ਹੇ ਪ੍ਰਭੂ!) ਮੈਂ ਤੇਰਾ ਦਾਸ ਤੇਰੀ ਸਰਨ ਆਇਆ ਹਾਂ ॥੪॥੧੦੨॥੧੭੧॥

8671	200	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8672	200	ਨੇਤ੍ਰ ਪ੍ਰਗਾਸੁ ਕੀਆ ਗੁਰਦੇਵ॥		Naethr Pragaas Keeaa Guradhaev ||	The Divine Guru has opened his eyes.	ਹੇ ਗੁਰਦੇਵ! ਜਿਸ ਮਨੁੱਖ ਦੀਆਂ (ਆਤਮਕ) ਅੱਖਾਂ ਨੂੰ ਤੂੰ (ਗਿਆਨ ਦਾ) ਚਾਨਣ ਬਖ਼ਸ਼ਿਆ,
8673	200	ਭਰਮ ਗਏ ਪੂਰਨ ਭਈ ਸੇਵ॥੧॥ਰਹਾਉ॥		Bharam Geae Pooran Bhee Saev ||1|| Rehaao ||	Doubt has been dispelled; my service has been successful. ||1||Pause||	ਉਸ ਦੇ ਸਾਰੇ ਵਹਮ (ਥਾਂ ਥਾਂ ਦੇ ਭਟਕਣ) ਦੂਰ ਹੋ ਗਏ, ਤੇਰੇ ਦਰ ਤੇ ਟਿਕ ਕੇ ਕੀਤੀ ਹੋਈ ਉਸ ਦੀ) ਸੇਵਾ ਸਿਰੇ ਚੜ੍ਹ ਗਈ ॥੧॥ ਰਹਾਉ ॥
8674	200	ਸੀਤਲਾ ਤੇ ਰਖਿਆ ਬਿਹਾਰੀ॥	(ਸੀਤਲਾ) ਚੇਚਕ ਬਮਾਰੀ। (ਬਿਹਾਰੀ) ਬ੍ਰਹਮ ਜੀ	Seethalaa Thae Rakhiaa Bihaaree ||	The Giver of joy has saved him from smallpox.	ਹੇ ਸੁੰਦਰ ਸਰੂਪ! ਤੂੰ ਹੀ ਸੀਤਲਾ ਤੋਂ ਬਚਾਇਆ ਹੈ।
8675	200	ਪਾਰਬ੍ਰਹਮ ਪ੍ਰਭ ਕਿਰਪਾ ਧਾਰੀ॥੧॥		Paarabreham Prabh Kirapaa Dhhaaree ||1||	The Supreme Lord God has granted His Grace. ||1||	ਹੇ ਪਾਰਬ੍ਰਹਮ! ਹੇ ਪ੍ਰਭੂ! ਤੂੰ ਹੀ ਕਿਰਪਾ ਕਰ ਕੇ ਸੀਤਲਾ ਤੋਂ ਬਚਾਇਆ ਹੈ (ਹੋਰ ਕੋਈ ਦੇਵੀ ਆਦਿਕ ਤੇਰੇ ਬਰਾਬਰ ਦੀ ਨਹੀਂ ਹੈ) ॥੧॥
8676	200	ਨਾਨਕ ਨਾਮੁ ਜਪੈ ਸੋ ਜੀਵੈ॥		Naanak Naam Japai So Jeevai ||	O Nanak, he alone lives, who chants the Naam, the Name of the Lord.	ਹੇ ਨਾਨਕ! (ਆਖ-ਹੇ ਭਾਈ!) ਜੇਹੜਾ ਮਨੁੱਖ (ਹੋਰ ਸਾਰੇ ਆਸਰੇ ਛੱਡ ਕੇ) ਪਰਮਾਤਮਾ ਦਾ ਨਾਮ ਜਪਦਾ ਹੈ, ਉਹ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ,

8677	200	ਸਾਧਸੰਗਿ ਹਰਿ ਅੰਮ੍ਰਿਤੁ ਪੀਵੈ॥੨॥੧੦੩॥੧੭੨॥		Saadhhasang Har Anmrith Peevai ||2||103||172||	In the Saadh Sangat, the Company of the Holy, drink deeply of the Lord's Ambrosial Nectar. ||2||103||172||	(ਕਿਉਂਕਿ) ਉਹ ਸਾਧ ਸੰਗਤਿ ਵਿਚ ਰਹਿ ਕੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਰਸ ਪੀਂਦਾ ਰਹਿੰਦਾ ਹੈ ॥੨॥੧੦੩॥੧੭੨॥
8678	200	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8679	200	ਧਨੁ ਓਹੁ ਮਸਤਕੁ ਧਨੁ ਤੇਰੇ ਨੇਤ॥	(ਨੇਤ) ਨੇਤ੍ਰ	Dhhan Ouhu Masathak Dhhan Thaerae Naeth ||	Blessed is that forehead, and blessed are those eyes;	(ਹੇ ਪ੍ਰਭੂ!) ਭਾਗਾਂ ਵਾਲਾ ਹੈ ਉਹ ਮੱਥਾ (ਜੇਹੜਾ ਤੇਰੇ ਦਰ ਤੇ ਨਿਉਂਦਾ ਹੈ) ਭਾਗਾਂ ਵਾਲੀਆਂ ਹਨ ਉਹ ਅੱਖਾਂ (ਜੋ) ਤੇਰੇ (ਦੀਦਾਰ ਵਿਚ ਮਸਤ ਰਹਿੰਦੀਆਂ ਹਨ)।
8680	200	ਧਨੁ ਓਇ ਭਗਤ ਜਿਨ ਤੁਮ ਸੰਗਿ ਹੇਤ॥੧॥	(ਹੇਤ) ਪਰੇਮ	Dhhan Oue Bhagath Jin Thum Sang Haeth ||1||	Blessed are those devotees who are in love with You. ||1||	ਭਾਗਾਂ ਵਾਲੇ ਹਨ ਉਹ ਭਗਤ ਜਨ ਜਿਨ੍ਹਾਂ ਦਾ ਤੇਰੇ ਨਾਲ ਪ੍ਰੇਮ ਬਣਿਆ ਰਹਿੰਦਾ ਹੈ ॥੧॥
8681	200	ਨਾਮ ਬਿਨਾ ਕੈਸੇ ਸੁਖੁ ਲਹੀਐ॥	(ਲਹੀਐ) ਲਈਏ	Naam Binaa Kaisae Sukh Leheeai ||	Without the Naam, the Name of the Lord, how anyone find peace?	(ਹੇ ਭਾਈ!) ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਕਦੇ ਸੁਖ ਨਹੀਂ ਮਿਲ ਸਕਦਾ।
8682	200	ਰਸਨਾ ਰਾਮ ਨਾਮ ਜਸੁ ਕਹੀਐ॥੧॥ਰਹਾਉ॥		Rasanaa Raam Naam Jas Keheeai ||1|| Rehaao ||	With your tongue, chant the Praises of the Name of the Lord. ||1||Pause||	(ਇਸ ਵਾਸਤੇ ਸਦਾ) ਜੀਭ ਨਾਲ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ, ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ ॥੧॥ ਰਹਾਉ ॥

8683	200	ਤਿਨ ਊਪਰਿ ਜਾਈਐ ਕੁਰਬਾਣੁ॥		Thin Oopar Jaaeeai Kurabaan ||	Nanak is a sacrifice to those	ਉਹਨਾਂ ਉਤੋਂ (ਸਦਾ) ਸਦਕੇ ਜਾਣਾ ਚਾਹੀਦਾ ਹੈ,
8684	200	ਨਾਨਕ ਜਿਨਿ ਜਪਿਆ ਨਿਰਬਾਣੁ॥੨॥੧੦੪॥੧੭੩॥	(ਨਿਰਬਾਣੁ) ਹਰਿ ਜੀ	Naanak Jin Japiaa Nirabaan ||2||104||173||	Who meditate on the Lord of Nirvaanaa. ||2||104||173||	ਹੇ ਨਾਨਕ! (ਆਖ-ਹੇ ਭਾਈ!) ਜਿਸ ਜਿਸ ਨੇ ਵਾਸਨਾ-ਰਹਿਤ ਪ੍ਰਭੂ ਦਾ ਨਾਮ ਜਪਿਆ ਹੈ ॥੨॥੧੦੪॥੧੭੩॥
8685	200	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8686	200	ਤੂੰਹੈ ਮਸਲਤਿ ਤੂੰਹੈ ਨਾਲਿ॥	(ਮਸਲਤਿ) ਸਲਾਹਕਾਰ। ਮਸ-ਲਤਿ:ਪੋਲਾ ਬੋਲੋ	Thoonhai Masalath Thoonhai Naal ||	You are my Advisor; You are always with me.	ਹੇ ਪ੍ਰਭੂ! ਤੂੰ (ਹਰ ਥਾਂ ਮੇਰਾ) ਸਲਾਹਕਾਰ ਹੈਂ, ਤੂੰ ਹੀ (ਹਰ ਥਾਂ) ਮੇਰੇ ਨਾਲ ਵੱਸਦਾ ਹੈਂ।
8687	200	ਤੂੰਹੈ ਰਾਖਹਿ ਸਾਰਿ ਸਮਾਲਿ॥੧॥	(ਸਾਰਿ) ਖਬਰ	Thoohai Raakhehi Saar Samaal ||1||	You preserve, protect and care for me. ||1||	ਤੂੰ ਹੀ (ਜੀਵਾਂ ਦੀ) ਸਾਰ ਲੈ ਕੇ ਸੰਭਾਲ ਕਰ ਕੇ ਰੱਖਿਆ ਕਰਦਾ ਹੈਂ ॥੧॥
8688	200	ਐਸਾ ਰਾਮੁ ਦੀਨ ਦੁਨੀ ਸਹਾਈ॥	(ਦੀਨ) ਗ੍ਰੀਬਾਂ ਦਾ (ਦੁਨੀ) ਦੁਨੀਆਂ ਤੇ (ਸਹਾਈ) ਸਹਾਇਕ	Aisaa Raam Dheen Dhunee Sehaaee ||	Such is the Lord, our Help and Support in this world and the next.	ਹੇ ਮੇਰੇ ਵੀਰ! ਪਰਮਾਤਮਾ ਇਸ ਲੋਕ ਤੇ ਪਰਲੋਕ ਵਿਚ ਅਜਿਹਾ ਸਾਥੀ ਹੈ,
8689	200	ਦਾਸ ਕੀ ਪੈਜ ਰਖੈ ਮੇਰੇ ਭਾਈ॥੧॥ਰਹਾਉ॥	ਰੱਖੈ	Dhaas Kee Paij Rakhai Maerae Bhaaee ||1|| Rehaao ||	He protects the honor of His slave, O my Sibling of Destiny. ||1||Pause||	ਕਿ ਉਹ ਆਪਣੇ ਸੇਵਕ ਦੀ ਇੱਜ਼ਤ (ਹਰ ਥਾਂ) ਰੱਖਦਾ ਹੈ ॥੧॥ ਰਹਾਉ ॥

8690	200	ਆਗੈ ਆਪਿ ਇਹੁ ਥਾਨੁ ਵਸਿ ਜਾ ਕੈ॥	ਵੱਸਿ	Aagai Aap Eihu Thhaan Vas Jaa Kai ||	He alone exists hereafter; this place is in His Power.	(ਹੇ ਭਾਈ!) ਜਿਸ ਪਰਮਾਤਮਾ ਦੇ ਵੱਸ ਵਿਚ ਸਾਡਾ ਇਹ ਲੋਕ ਹੈ, ਉਹੀ ਆਪ ਪਰਲੋਕ ਵਿਚ ਭੀ (ਸਾਡਾ ਰਾਖਾ) ਹੈ।
8691	200	ਆਠ ਪਹਰ ਮਨੁ ਹਰਿ ਕਉ ਜਾਪੈ॥੨॥		Aath Pehar Man Har Ko Jaapai ||2||	Twenty-four hours a day, O my mind, chant and meditate on the Lord. ||2||	(ਹੇ ਭਾਈ!) ਮੇਰਾ ਮਨ ਤਾਂ ਅੱਠੇ ਪਹਿਰ ਉਸ ਪਰਮਾਤਮਾ ਦਾ ਨਾਮ ਜਪਦਾ ਹੈ ॥੨॥
8692	200	ਪਤਿ ਪਰਵਾਣੁ ਸਚੁ ਨੀਸਾਣੁ॥	ਪਤਿ: ਪੋਲਾ ਬੋਲੋ	Path Paravaan Sach Neesaan ||	His honor is acknowledged, and he bears the True Insignia;	ਹੇ ਪ੍ਰਭੂ! ਉਸ ਨੂੰ (ਤੇਰੇ ਦਰਬਾਰ ਵਿਚ) ਇੱਜ਼ਤ ਮਿਲਦੀ ਹੈ, ਉਹ (ਤੇਰੇ ਦਰ ਤੇ) ਕਬੂਲ ਹੁੰਦਾ ਹੈ, ਉਸ ਨੂੰ (ਜੀਵਨ-ਸਫ਼ਰ ਵਿਚ) ਤੇਰਾ ਸਦਾ-ਥਿਰ ਰਹਿਣ ਵਾਲਾ ਨਾਮ, ਰਾਹਦਾਰੀ (ਵਜੋਂ) ਮਿਲਦਾ ਹੈ,
8693	200	ਜਾ ਕਉ ਆਪਿ ਕਰਹਿ ਫੁਰਮਾਨੁ॥੩॥	(ਫੁਰਮਾਨੁ) ਹੁਕਮ	Jaa Ko Aap Karehi Furamaan ||3||	The Lord Himself issues His Royal Command. ||3||	ਜਿਸ (ਸੇਵਕ) ਦੇ ਵਾਸਤੇ ਤੂੰ ਆਪ ਹੁਕਮ ਕਰਦਾ ਹੈਂ ॥੩॥
8694	200	ਆਪੇ ਦਾਤਾ ਆਪਿ ਪ੍ਰਤਿਪਾਲਿ॥		Aapae Dhaathaa Aap Prathipaal ||	He Himself is the Giver; He Himself is the Cherisher.	ਪਰਮਾਤਮਾ ਆਪ ਹੀ (ਸਭ ਜੀਵਾਂ ਨੂੰ) ਦਾਤਾਂ ਦੇਣ ਵਾਲਾ ਹੈ, ਆਪ ਹੀ (ਸਭ ਦੀ) ਪਾਲਣਾ ਕਰਨ ਵਾਲਾ ਹੈ।

8695	200	ਨਿਤ ਨਿਤ ਨਾਨਕ ਰਾਮ ਨਾਮੁ ਸਮਾਲਿ॥੪॥੧੦੫॥ ੧੭੪॥		Nith Nith Naanak Raam Naam Samaal ||4||105||174||	Continually, continuously, O Nanak, dwell upon the Name of the Lord. ||4||105||174||	ਹੇ ਨਾਨਕ! ਤੂੰ ਸਦਾ ਹੀ ਉਸ ਪਰਮਾਤਮਾ ਦਾ ਨਾਮ (ਆਪਣੇ ਹਿਰਦੇ ਵਿਚ) ਸਾਂਭ ਕੇ ਰੱਖ ॥੪॥੧੦੫॥੧੭੪॥
8696	200	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8697	200	ਸਤਿਗੁਰੁ ਪੂਰਾ ਭਇਆ ਕ੍ਰਿਪਾਲੁ॥	ਭਇਆ	Sathigur Pooraa Bhaeiaa Kirapaal ||	When the Perfect True Guru becomes merciful,	(ਹੇ ਭਾਈ!) ਅਭੁੱਲ ਗੁਰੂ ਜਿਸ ਮਨੁੱਖ ਉਤੇ ਦਇਆਵਾਨ ਹੁੰਦਾ ਹੈ,
8698	200	ਹਿਰਦੈ ਵਸਿਆ ਸਦਾ ਗੁਪਾਲੁ॥੧॥		Hiradhai Vasiaa Sadhaa Gupaal ||1||	The Lord of the World abides in the heart forever. ||1||	ਸ੍ਰਿਸ਼ਟੀ ਦੇ ਰੱਖਿਅਕ ਪਰਮਾਤਮਾ (ਦਾ ਨਾਮ) ਸਦਾ ਉਸ ਦੇ ਹਿਰਦੇ ਵਿਚ ਵੱਸਿਆ ਰਹਿੰਦਾ ਹੈ ॥੧॥
8699	200	ਰਾਮੁ ਰਵਤ ਸਦ ਹੀ ਸੁਖੁ ਪਾਇਆ॥	(ਰਵਤ) ਜਪਦਿਆਂ	Raam Ravath Sadh Hee Sukh Paaeiaa ||	Meditating on the Lord, I have found eternal peace.	(ਹੇ ਭਾਈ!) ਪਰਮਾਤਮਾ ਦਾ ਨਾਮ ਸਿਮਰਦਿਆਂ ਉਸ ਨੇ ਸਦਾ ਹੀ ਆਤਮਕ ਆਨੰਦ ਮਾਣਿਆ ਹੈ,
8700	201	ਮਇਆ ਕਰੀ ਪੂਰਨ ਹਰਿ ਰਾਇਆ॥੧॥ਰਹਾਉ ॥	(ਮ-ਇਆ) ਮਿਹਰ। (ਰਾਇਆ) ਪਾਤਸ਼ਾਹ	Maeiaa Karee Pooran Har Raaeiaa ||1|| Rehaao ||	The Sovereign Lord, the Perfect King, has shown His Mercy to me. ||1||Pause||	ਜਿਸ ਮਨੁੱਖ ਉੱਤੇ ਸਰਬ-ਵਿਆਪਕ ਪ੍ਰਭੂ-ਪਾਤਿਸ਼ਾਹ ਨੇ ਮਿਹਰ ਕੀਤੀ ਹੈ ॥੧॥ ਰਹਾਉ ॥
8701	201	ਕਹੁ ਨਾਨਕ ਜਾ ਕੇ ਪੂਰੇ ਭਾਗ॥		Kahu Naanak Jaa Kae Poorae Bhaag ||	Says Nanak, one whose destiny is perfect,	ਨਾਨਕ ਆਖਦਾ ਹੈ- ਜਿਸ ਮਨੁੱਖ ਦੇ (ਮੱਥੇ ਉਤੇ) ਪੂਰੇ ਭਾਗ ਜਾਗ ਪੈਂਦੇ ਹਨ,

8702	201	ਹਰਿ ਹਰਿ ਨਾਮੁ ਅਸਥਿਰੁ ਸੋਹਾਗੁ॥੨॥੧੦੬॥	(ਅਸਥਿਰੁ) ਸਦਾ ਕਾਇਮ	Har Har Naam Asathhir Sohaag ||2||106||	Meditates on the Name of the Lord, Har, Har, the Everlasting Husband. ||2||106||	ਉਹ ਸਦਾ ਪਰਮਾਤਮਾ ਦਾ ਨਾਮ ਜਪਦਾ ਹੈ, (ਉਸ ਦੇ ਸਿਰ ਤੇ) ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਖਸਮ (ਆਪਣਾ ਹੱਥ ਰੱਖਦਾ ਹੈ) ॥੨॥੧੦੬॥
8703	201	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8704	201	ਧੋਤੀ ਖੋਲਿ ਵਿਛਾਏ ਹੇਠਿ॥	ਖ੍ਰੋਲਿ	Dhhothee Khol Vishhaaeae Haeth ||	He opens his loin-cloth, and spreads it out beneath him.	(ਪਰ, ਹੇ ਭਾਈ! ਬ੍ਰਾਹਮਣ ਆਪਣੇ ਜਜਮਾਨਾਂ ਨੂੰ ਇਹੀ ਦੱਸਦਾ ਹੈ) ਕਿ ਬ੍ਰਾਹਮਣ ਨੂੰ ਦਿੱਤਾ ਦਾਨ ਹੀ ਮੋਖ-ਪਦਵੀ ਮਿਲਣ ਦਾ ਰਸਤਾ ਹੈ।
8705	201	ਗਰਧਪ ਵਾਂਗੂ ਲਾਹੇ ਪੇਟਿ॥੧॥	(ਗਰਧਪ) ਖੋਤਾ	Garadhhap Vaangoo Laahae Paett ||1||	Like a donkey, he gulps down all that comes his way. ||1||	ਉਹ ਬ੍ਰਾਹਮਣ ਸਰਾਧ ਆਦਿਕ ਦੇ ਸਮੇ ਜਜਮਾਨ ਦੇ ਘਰ ਜਾ ਕੇ ਚੌਕੇ ਵਿਚ ਬੈਠ ਕੇ) ਆਪਣੀ ਧੋਤੀ ਦਾ ਉਪਰਲਾ ਅੱਧਾ ਹਿੱਸਾ ਲਾਹ ਕੇ ਹੇਠਾਂ ਧਰ ਲੈਂਦਾ ਹੈ ਤੇ ਖੋਤੇ ਵਾਂਗ (ਦਬਾਦਬ ਖੀਰ ਆਦਿਕ) ਆਪਣੇ ਢਿੱਡ ਵਿਚ ਪਾਈ ਜਾਂਦਾ ਹੈ ॥੧॥
8706	201	ਬਿਨੁ ਕਰਤੂਤੀ ਮੁਕਤਿ ਨ ਪਾਈਐ॥	(ਕਰਤੂਤੀ) ਚੰਗੇ ਕੰਮ	Bin Karathoothee Mukath N Paaeeai ||	Without good deeds, liberation is not obtained.	(ਹੇ ਭਾਈ!) ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ। ਇਹ ਐਸਾ ਪਦਾਰਥ ਹੈ ਜੋ ਵਿਕਾਰਾਂ ਤੋਂ ਖ਼ਲਾਸੀ ਦੇਂਦਾ ਹੈ।

8707	201	ਮੁਕਤਿ ਪਦਾਰਥੁ ਨਾਮੁ ਧਿਆਈਐ॥੧॥ਰਹਾਉ॥		Mukath Padhaarathh Naam Dhhiaaeeai ||1|| Rehaao ||	The wealth of liberation is only obtained by meditating on the Naam, the Name of the Lord. ||1||Pause||	(ਹੇ ਭਾਈ!) ਨਾਮ ਸਿਮਰਨ ਦੀ ਕਮਾਈ ਕਰਨ ਤੋਂ ਬਿਨਾ ਮੋਖ-ਪਦਵੀ ਨਹੀਂ ਮਿਲਦੀ ॥੧॥ ਰਹਾਉ ॥
8708	201	ਪੂਜਾ ਤਿਲਕ ਕਰਤ ਇਸਨਾਂਨਾ॥	ਪੂਜਾ ਪੋਲ	Poojaa Thilak Karath Eisanaanaan ||	He performs worship ceremonies, applies the ceremonial tilak mark to his forehead, and takes his ritual cleansing baths;	(ਬ੍ਰਾਹਮਣ) ਇਸਨਾਨ ਕਰਕੇ, ਤਿਲਕ ਲਾ ਕੇ ਪੂਜਾ ਕਰਦਾ ਹੈ,
8709	201	ਛੁਰੀ ਕਾਢਿ ਲੇਵੈ ਹਥਿ ਦਾਨਾ॥੨॥		Shhuree Kaadt Laevai Hathh Dhaanaa ||2||	He pulls out his knife, and demands donations. ||2||	ਤੇ ਛੁਰੀ ਕਢ ਕੇ, ਹਥ ਵਿੱਚ ਦਾਨ ਲੈਂਦਾ ਹੈ ॥੨॥
8710	201	ਬੇਦੁ ਪੜੈ ਮੁਖਿ ਮੀਠੀ ਬਾਣੀ॥	ਪੜ੍ਹੈ	Baedh Parrai Mukh Meethee Baanee ||	With his mouth, he recites the Vedas in sweet musical measures,	(ਬ੍ਰਾਹਮਣ) ਮੂੰਹੋਂ ਤਾਂ ਮਿੱਠੀ ਸੁਰ ਨਾਲ ਵੇਦ (-ਮੰਤ੍ਰ) ਪੜ੍ਹਦਾ ਹੈ,
8711	201	ਜੀਆਂ ਕੁਹਤ ਨ ਸੰਗੈ ਪਰਾਣੀ॥੩॥	ਕੁਹ-ਤ: ਪੋਲਾ ਬੋਲੋ	Jeeaaan Kuhath N Sangai Paraanee ||3||	And yet he does not hesitate to take the lives of others. ||3||	ਪਰ ਆਪਣੇ ਜਜਮਾਨਾਂ ਨਾਲ ਧੋਖਾ ਕਰਦਿਆਂ ਰਤਾ ਨਹੀਂ ਝਿਜਕਦਾ ॥੩॥
8712	201	ਕਹੁ ਨਾਨਕ ਜਿਸੁ ਕਿਰਪਾ ਧਾਰੈ॥		Kahu Naanak Jis Kirapaa Dhhaarai ||	Says Nanak, when God showers His Mercy,	(ਪਰ) ਨਾਨਕ ਆਖਦਾ ਹੈ- (ਬ੍ਰਾਹਮਣ ਦੇ ਭੀ ਕੀਹ ਵੱਸ?) ਜਿਸ ਮਨੁੱਖ ਉੱਤੇ ਪਰਮਾਤਮਾ ਮਿਹਰ ਕਰਦਾ ਹੈ ਉਹ ਪਰਮਾਤਮਾ ਦੇ ਗੁਣ ਆਪਣੇ ਹਿਰਦੇ ਵਿਚ ਵਸਾਂਦਾ ਹੈ,

8713	201	ਹਿਰਦਾ ਸੁਧੁ ਬ੍ਰਹਮੁ ਬੀਚਾਰੈ॥੪॥੧੦੭॥		Hiradhaa Sudhh Breham Beechaarai ||4||107||	Even his heart becomes pure, and he contemplates God. ||4||107||	(ਜਿਸ ਦੀ ਬਰਕਤਿ ਨਾਲ) ਉਸ ਦਾ ਹਿਰਦਾ ਪਵਿੱਤਰ ਹੋ ਜਾਂਦਾ ਹੈ (ਤੇ ਉਹ ਕਿਸੇ ਨਾਲ ਠੱਗੀ-ਫ਼ਰੇਬ ਨਹੀਂ ਕਰਦਾ) ॥੪॥੧੦੭॥
8714	201	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8715	201	ਥਿਰੁ ਘਰਿ ਬੈਸਹੁ ਹਰਿ ਜਨ ਪਿਆਰੇ॥		Thhir Ghar Baisahu Har Jan Piaarae ||	Remain steady in the home of your own self, O beloved servant of the Lord.	ਹੇ ਪਿਆਰੇ ਭਗਤ ਜਨੋ! ਆਪਣੇ ਹਿਰਦੇ ਵਿਚ ਇਹ ਪੂਰੀ ਸਰਧਾ ਬਣਾਓ,
8716	201	ਸਤਿਗੁਰਿ ਤੁਮਰੇ ਕਾਜ ਸਵਾਰੇ॥੧॥ਰਹਾਉ॥		Sathigur Thumarae Kaaj Savaarae ||1|| Rehaao ||	The True Guru shall resolve all your affairs. ||1||Pause||	ਕਿ ਸਤਿਗੁਰੂ ਨੇ ਸਾਡੇ ਸਾਰੇ ਕਾਰਜ ਸਵਾਰ ਦਿੱਤੇ ਹਨ (ਕਿ ਸਤਿਗੁਰੂ ਸਰਨ ਪਿਆਂ ਦੇ ਕਾਰਜ ਸਿਰੇ ਚਾੜ੍ਹ ਦੇਂਦਾ ਹੈ) ॥੧॥ ਰਹਾਉ ॥
8717	201	ਦੁਸਟ ਦੂਤ ਪਰਮੇਸਰਿ ਮਾਰੇ॥		Dhusatt Dhooth Paramaesar Maarae ||	The Transcendent Lord has struck down the wicked and the evil.	(ਹੇ ਸੰਤ ਜਨੋ!) ਪਰਮੇਸਰ ਨੇ ਉਸ ਦੇ ਦੋਖੀ ਵੈਰੀ ਸਭ ਮੁਕਾ ਦਿੱਤੇ ਹਨ।
8718	201	ਜਨ ਕੀ ਪੈਜ ਰਖੀ ਕਰਤਾਰੇ॥੧॥		Jan Kee Paij Rakhee Karathaarae ||1||	The Creator has preserved the honor of His servant. ||1||	(ਇਹ ਨਿਸ਼ਚਾ ਧਾਰੋ ਕਿ ਜੇਹੜਾ ਮਨੁੱਖ ਹੋਰ ਆਸਰੇ ਛੱਡ ਕੇ ਪਰਮੇਸਰ ਦਾ ਆਸਰਾ ਤੱਕਦਾ ਹੈ) ਕਰਤਾਰ ਨੇ ਆਪਣੇ ਸੇਵਕ ਦੀ ਇੱਜ਼ਤ ਜ਼ਰੂਰ ਰੱਖੀ ਹੈ ॥੧॥

8719	201	ਬਾਦਿਸਾਹ ਸਾਹ ਸਭ ਵਸਿ ਕਰਿ ਦੀਨੇ॥	ਵੱਸਿ	Baadhisaah Saah Sabh Vas Kar Dheenae ||	The kings and emperors are all under his power;	(ਹੇ ਸੰਤ ਜਨੋ! ਪਰਮੇਸਰ ਨੇ ਆਪਣੇ ਸੇਵਕਾਂ ਨੂੰ) ਦੁਨੀਆ ਦੇ ਸ਼ਾਹਾਂ ਬਾਦਸ਼ਾਹਾਂ ਵਲੋਂ ਬੇ-ਮੁਥਾਜ ਕਰ ਦਿੱਤਾ ਹੈ।
8720	201	ਅੰਮ੍ਰਿਤ ਨਾਮ ਮਹਾ ਰਸ ਪੀਨੇ॥੨॥		Anmrith Naam Mehaa Ras Peenae ||2||	He drinks deeply of the most sublime essence of the Ambrosial Naam. ||2||	ਪਰਮੇਸਰ ਦੇ ਸੇਵਕ ਆਤਮਕ ਜੀਵਨ ਦੇਣ ਵਾਲਾ ਪਰਮੇਸਰ ਦਾ ਸਭ ਰਸਾਂ ਤੋਂ ਮਿੱਠਾ ਨਾਮ-ਰਸ ਪੀਂਦੇ ਰਹਿੰਦੇ ਹਨ ॥੨॥
8721	201	ਨਿਰਭਉ ਹੋਇ ਭਜਹੁ ਭਗਵਾਨ॥	ਭਜਹੁ	Nirabho Hoe Bhajahu Bhagavaan ||	Meditate fearlessly on the Lord God.	(ਹੇ ਪਿਆਰੇ ਭਗਤ-ਜਨੋ!) ਤੁਸੀ ਸਾਧ ਸੰਗਤਿ ਵਿਚ ਮਿਲ ਕੇ ਨਿਡਰ ਹੋ ਕੇ ਭਗਵਾਨ ਦਾ ਨਾਮ ਸਿਮਰਦੇ ਰਹੋ।
8722	201	ਸਾਧਸੰਗਤਿ ਮਿਲਿ ਕੀਨੋ ਦਾਨੁ॥੩॥		Saadhhasangath Mil Keeno Dhaan ||3||	Joining the Saadh Sangat, the Company of the Holy, this gift is given. ||3||	(ਪਰਮਾਤਮਾ ਨੇ ਤੁਹਾਡੇ ਉਤੇ) ਨਾਮ ਦੀ ਬਖ਼ਸ਼ਸ਼ ਕੀਤੀ ਹੈ ॥੩॥
8723	201	ਸਰਣਿ ਪਰੇ ਪ੍ਰਭ ਅੰਤਰਜਾਮੀ॥		Saran Parae Prabh Antharajaamee ||	Nanak has entered the Sanctuary of God, the Inner-knower, the Searcher of hearts;	ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰ ਤੇ ਆਖ-) ਹੇ ਅੰਤਰਜਾਮੀ ਪ੍ਰਭੂ! ਹੇ ਸੁਆਮੀ ਪ੍ਰਭੂ! ਮੈਂ ਤੇਰੀ ਸਰਨ ਪਿਆ ਹਾਂ,

8724	201	ਨਾਨਕ ਓਟ ਪਕਰੀ ਪ੍ਰਭ ਸੁਆਮੀ॥੪॥੧੦੮॥		Naanak Outt Pakaree Prabh Suaamee ||4||108||	He grasps the Support of God, his Lord and Master. ||4||108||	ਮੈਂ ਤੇਰਾ ਆਸਰਾ ਲਿਆ ਹੈ (ਮੈਨੂੰ ਆਪਣੇ ਨਾਮਿ ਦੀ ਦਾਤ ਬਖ਼ਸ਼) ॥੪॥੧੦੮॥
8725	201	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8726	201	ਹਰਿ ਸੰਗਿ ਰਾਤੇ ਭਾਹਿ ਨ ਜਲੈ॥	ਤ੍ਰਿਸ਼ਨਾ ਵਿਸ਼ੇ ਵਿਕਾਰਾਂ ਦੀ (ਭਾਹਿ) ਅੱਗ	Har Sang Raathae Bhaahi N Jalai ||	One who is attuned to the Lord, shall not be burned in the fire.	(ਹੇ ਭਾਈ!) ਪਰਮਾਤਮਾ ਨਾਲ ਰੱਤੇ ਰਿਹਾਂ (ਮਨੁੱਖ ਤ੍ਰਿਸ਼ਨਾ ਦੀ) ਅੱਗ ਵਿਚ ਨਹੀਂ ਸੜਦਾ,
8727	201	ਹਰਿ ਸੰਗਿ ਰਾਤੇ ਮਾਇਆ ਨਹੀ ਛਲੈ॥	(ਛਲੈ) ਠੱਗਦੀ	Har Sang Raathae Maaeiaa Nehee Shhalai ||	One who is attuned to the Lord, shall not be enticed by Maya.	ਪਰਮਾਤਮਾ ਦੇ ਚਰਨਾਂ ਵਿਚ ਜੁੜੇ ਰਿਹਾਂ (ਮਨੁੱਖ ਨੂੰ) ਮਾਇਆ ਠੱਗ ਨਹੀਂ ਸਕਦੀ,
8728	201	ਹਰਿ ਸੰਗਿ ਰਾਤੇ ਨਹੀ ਡੂਬੈ ਜਲਾ॥		Har Sang Raathae Nehee Ddoobai Jalaa ||	One who is attuned to the Lord, shall not be drowned in water.	ਪਰਮਾਤਮਾ ਦੀ ਯਾਦ ਵਿਚ ਮਸਤ ਰਿਹਾਂ ਮਨੁੱਖ ਸੰਸਾਰ-ਸਮੁੰਦਰ ਦੇ ਵਿਕਾਰਾਂ ਦੇ ਪਾਣੀਆਂ ਵਿਚ ਗ਼ਰਕ ਨਹੀਂ ਹੁੰਦਾ,
8729	201	ਹਰਿ ਸੰਗਿ ਰਾਤੇ ਸੁਫਲ ਫਲਾ॥੧॥	(ਸੁਫਲ) (ਸੁ+ਫ਼ਲ) (ਸੁ) ਸ੍ਰੇਸ਼ਟ ਗੁਰੂ ਪ੍ਰੇਮਾ-ਭਗਤੀ ਸਹਿਤ (ਫਲਾ) ਫਲ਼ਦਾ	Har Sang Raathae Sufal Falaa ||1||	One who is attuned to the Lord, is prosperous and fruitful. ||1||	ਮਨੁੱਖਾ ਜਨਮ ਦਾ ਸੋਹਣਾ ਮਨੋਰਥ ਪ੍ਰਾਪਤ ਕਰ ਲੈਂਦਾ ਹੈ ॥੧॥
8730	201	ਸਭ ਭੈ ਮਿਟਹਿ ਤੁਮਾਰੈ ਨਾਇ॥	ਨਾਇ	Sabh Bhai Mittehi Thumaarai Naae ||	All fear is eradicated by Your Name.	(ਹੇ ਪ੍ਰਭੂ!) ਤੇਰੇ ਨਾਮ ਵਿਚ ਜੁੜਿਆਂ (ਮਨੁੱਖਾਂ ਦੇ ਸਾਰੇ) ਡਰ ਦੂਰ ਹੋ ਜਾਂਦੇ ਹਨ।

8731	201	ਭੇਟਤ ਸੰਗਿ ਹਰਿ ਹਰਿ ਗੁਨ ਗਾਇ॥ਰਹਾਉ॥	(ਭੇਟਤ) ਮਿਲਿਆਂ	Bhaettath Sang Har Har Gun Gaae || Rehaao ||	Joining the Sangat, the Holy Congregation, sing the Glorious Praises of the Lord, Har, Har. ||Pause||	(ਹੇ ਭਾਈ!) ਪ੍ਰਭੂ ਦੀ ਸੰਗਤਿ ਵਿਚ ਰਿਹਾਂ (ਚਰਨਾਂ ਵਿਚ ਜੁੜਿਆਂ) ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥ਰਹਾਉ॥
8732	201	ਹਰਿ ਸੰਗਿ ਰਾਤੇ ਮਿਟੈ ਸਭ ਚਿੰਤਾ॥		Har Sang Raathae Mittai Sabh Chinthaa ||	One who is attuned to the Lord, is free of all anxieties.	(ਹੇ ਭਾਈ!) ਪਰਮਾਤਮਾ ਦੀ ਯਾਦ ਵਿਚ ਜੁੜੇ ਰਿਹਾਂ (ਮਨੁੱਖ ਦੀ) ਹਰੇਕ ਕਿਸਮ ਦੀ ਚਿੰਤਾ ਮਿਟ ਜਾਂਦੀ ਹੈ,
8733	201	ਹਰਿ ਸਿਉ ਸੋ ਰਚੈ ਜਿਸੁ ਸਾਧ ਕਾ ਮੰਤਾ॥	(ਸਾਧ) ਧੰਨ ਸਤਿਗੁਰੂ ਦਸੇ ਪਾਤਸ਼ਾਹ ਜੀ ਦਾ (ਮੰਤਾ) ਉਪਦੇਸ਼	Har Sio So Rachai Jis Saadhh Kaa Manthaa ||	One who is attuned to the Lord, is blessed with the Mantra of the Holy.	(ਪਰ) ਪਰਮਾਤਮਾ ਨਾਲ ਉਹੀ ਮਨੁੱਖ ਜੁੜਦਾ ਹੈ ਜਿਸ ਨੂੰ ਗੁਰੂ ਦਾ ਉਪਦੇਸ਼ ਪ੍ਰਾਪਤ ਹੁੰਦਾ ਹੈ।
8734	201	ਹਰਿ ਸੰਗਿ ਰਾਤੇ ਜਮ ਕੀ ਨਹੀ ਤ੍ਰਾਸ॥	(ਤ੍ਰਾਸ) ਡਰ	Har Sang Raathae Jam Kee Nehee Thraas ||	One who is attuned to the Lord, is not haunted by the fear of death.	ਪਰਮਾਤਮਾ ਨਾਲ ਰੱਤੇ ਰਿਹਾਂ ਮੌਤ ਦਾ ਸਹਮ ਨਹੀਂ ਰਹਿੰਦਾ,
8735	201	ਹਰਿ ਸੰਗਿ ਰਾਤੇ ਪੂਰਨ ਆਸ॥੨॥		Har Sang Raathae Pooran Aas ||2||	One who is attuned to the Lord, sees all his hopes fulfilled. ||2||	ਤੇ ਮਨੁੱਖ ਦੀਆਂ ਸਾਰੀਆਂ ਆਸਾਂ ਪੂਰੀਆਂ ਹੋ ਜਾਂਦੀਆਂ ਹਨ ॥੨॥
8736	201	ਹਰਿ ਸੰਗਿ ਰਾਤੇ ਦੂਖੁ ਨ ਲਾਗੈ॥	ਲੱਗੈ	Har Sang Raathae Dhookh N Laagai ||	One who is attuned to the Lord, does not suffer in pain.	(ਹੇ ਭਾਈ!) ਪਰਮਾਤਮਾ ਦੇ ਚਰਨਾਂ ਵਿਚ ਜੁੜੇ ਰਿਹਾਂ ਕੋਈ ਦੁੱਖ ਪੋਹ ਨਹੀਂ ਸਕਦਾ।

8737	201	ਹਰਿ ਸੰਗਿ ਰਾਤਾ ਅਨ ਦਿਨੁ ਜਾਗੈ॥		Har Sang Raathaa Anadhin Jaagai ||	One who is attuned to the Lord, remains awake and aware, night and day.	ਜੇਹੜਾ ਮਨੁੱਖ ਪਰਮਾਤਮਾ ਦੀ ਯਾਦ ਵਿਚ ਮਸਤ ਰਹਿੰਦਾ ਹੈ, ਉਹ ਹਰ ਵੇਲੇ (ਵਿਕਾਰਾਂ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ,
8738	201	ਹਰਿ ਸੰਗਿ ਰਾਤਾ ਸਹਜ ਘਰਿ ਵਸੈ॥	ਵਸੈ: ਪੋਲਾ ਬੋਲੋ	Har Sang Raathaa Sehaj Ghar Vasai ||	One who is attuned to the Lord, dwells in the home of intuitive peace.	ਜੇਹੜਾ ਮਨੁੱਖ ਪਰਮਾਤਮਾ ਦੀ ਯਾਦ ਵਿਚ ਮਸਤ ਰਹਿੰਦਾ ਹੈ, ਉਹ ਮਨੁੱਖ ਆਤਮਕ ਅਡੋਲਤਾ ਦੀ ਅਵਸਥਾ ਵਿਚ ਟਿਕਿਆ ਰਹਿੰਦਾ ਹੈ।
8739	201	ਹਰਿ ਸੰਗਿ ਰਾਤੇ ਭ੍ਰਮੁ ਭਉ ਨਸੈ॥੩॥	ਨੱਸੈ	Har Sang Raathae Bhram Bho Nasai ||3||	One who is attuned to the Lord, sees his doubts and fears run away. ||3||	ਪਰਮਾਤਮਾ ਦੀ ਯਾਦ ਵਿਚ ਜੁੜੇ ਰਿਹਾਂ ਮਨੁੱਖ ਦੀ ਹਰੇਕ ਕਿਸਮ ਦੀ ਭਟਕਣਾ ਮੁੱਕ ਜਾਂਦੀ ਹੈ, ਹਰੇਕ ਸਹਮ ਦੂਰ ਹੋ ਜਾਂਦਾ ਹੈ ॥੩॥
8740	201	ਹਰਿ ਸੰਗਿ ਰਾਤੇ ਮਤਿ ਊਤਮ ਹੋਇ॥		Har Sang Raathae Math Ootham Hoe ||	One who is attuned to the Lord, has the most sublime and exalted intellect.	(ਹੇ ਭਾਈ!) ਪਰਮਾਤਮਾ ਦੀ ਯਾਦ ਵਿਚ ਰੱਤੇ ਰਿਹਾਂ ਮਨੁੱਖ ਦੀ ਅਕਲ ਸੁਅੱਛ ਹੋ ਜਾਂਦੀ ਹੈ।
8741	201	ਹਰਿ ਸੰਗਿ ਰਾਤੇ ਨਿਰਮਲ ਸੋਇ॥		Har Sang Raathae Niramal Soe ||	One who is attuned to the Lord, has a pure and spotless reputation.	ਪਰਮਾਤਮਾ ਦੀ ਯਾਦ ਵਿਚ ਜੁੜੇ ਮਨੁੱਖ ਦੀ ਬੇ-ਦਾਗ਼ ਸੋਭਾ (ਜਗਤ ਵਿਚ ਖਿਲਰਦੀ ਹੈ)।
8742	201	ਕਹੁ ਨਾਨਕ ਤਿਨ ਕਉ ਬਲਿ ਜਾਈ॥		Kahu Naanak Thin Ko Bal Jaaee ||	Says Nanak, I am a sacrifice to those	ਨਾਨਕ ਆਖਦਾ ਹੈ- ਮੈਂ ਉਹਨਾਂ ਬੰਦਿਆਂ ਤੋਂ ਸਦਕੇ ਜਾਂਦਾ ਹਾਂ,

8743	201	ਜਿਨ ਕਉ ਪ੍ਰਭੁ ਮੇਰਾ ਬਿਸਰਤ ਨਾਹੀ॥੪॥੧੦੯॥		Jin Ko Prabh Maeraa Bisarath Naahee ||4||109||	Who do not forget my God. ||4||109||	ਜਿਨ੍ਹਾਂ ਨੂੰ ਮੇਰਾ ਪਰਮਾਤਮਾ ਕਦੇ ਭੁੱਲਦਾ ਨਹੀਂ ॥੪॥੧੦੯॥
8744	201	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8745	201	ਉਦਮੁ ਕਰਤ ਸੀਤਲ ਮਨ ਭਏ॥		Oudham Karath Seethal Man Bheae ||	Through sincere efforts, the mind is made peaceful and calm.	(ਹੇ ਭਾਈ! ਸਾਧ ਸੰਗਤਿ ਵਿਚ ਜਾਣ ਦਾ) ਉੱਦਮ ਕਰਦਿਆਂ (ਮਨੁੱਖ) ਸ਼ਾਂਤ-ਚਿੱਤ ਹੋ ਜਾਂਦੇ ਹਨ,
8746	201	ਮਾਰਗਿ ਚਲਤ ਸਗਲ ਦੁਖ ਗਏ॥		Maarag Chalath Sagal Dhukh Geae ||	Twenty-four hours a day, O my mind, chant and meditate on the Lord. ||2||	(ਸਾਧ ਸੰਗਤਿ ਦੇ) ਰਾਹ ਉਤੇ ਤੁਰਦਿਆਂ ਸਾਰੇ ਦੁੱਖ ਦੂਰ ਹੋ ਜਾਂਦੇ ਹਨ (ਪੋਹ ਨਹੀਂ ਸਕਦੇ)।
8747	201	ਨਾਮੁ ਜਪਤ ਮਨਿ ਭਏ ਅਨੰਦ॥		Naam Japath Man Bheae Anandh ||	Chanting the Naam, the Name of the Lord, the mind becomes blissful.	(ਹੇ ਭਾਈ!) ਸਭ ਤੋਂ ਉੱਚੇ ਆਨੰਦ ਦੇ ਮਾਲਕ ਪ੍ਰਭੂ ਦੇ ਗੁਣ ਪ੍ਰੇਮ ਨਾਲ ਗਾਵਿਆਂ,
8748	201	ਰਸਿ ਗਾਏ ਗੁਨ ਪਰਮਾਨੰਦ॥੧॥		Ras Gaaeae Gun Paramaanandh ||1||	Singing the Glorious Praises of the Lord, supreme bliss is obtained. ||1||	ਪ੍ਰਭੂ ਦਾ ਨਾਮ ਜਪਿਆਂ ਮਨ ਵਿਚ ਆਨੰਦ ਹੀ ਆਨੰਦ ਪੈਦਾ ਹੋ ਜਾਂਦੇ ਹਨ ॥੧॥
8749	201	ਖੇਮ ਭਇਆ ਕੁਸਲ ਘਰਿ ਆਏ॥	(ਖੇਮ) ਮੁਕਤ। (ਕੁਸਲ) ਸੁਖਾਂ ਦੇ ਘਰਿ ਸਾਧਸੰਗਤ	Khaem Bhaeiaa Kusal Ghar Aaeae ||	There is joy all around, and peace has come to my home.	(ਜੇਹੜੇ ਮਨੁੱਖ ਸਾਧ ਸੰਗਤਿ ਵਿਚ ਜੁੜਦੇ ਹਨ ਉਹਨਾਂ ਨੂੰ) ਸੁਖ ਹੀ ਸੁਖ ਹੋ ਜਾਂਦਾ ਹੈ, ਉਹ ਆਨੰਦ ਦੀ ਅਵਸਥਾ ਵਿਚ ਟਿਕ ਜਾਂਦੇ ਹਨ।

8750	201	ਭੇਟਤ ਸਾਧਸੰਗਿ ਗਈ ਬਲਾਏ॥ਰਹਾਉ॥	(ਬਲਾਏ) ਮੁਸੀਬਤ	Bhaettath Saadhhasang Gee Balaaeae || Rehaao ||	Joining the Saadh Sangat, the Company of the Holy, misfortune disappears. ||Pause||	(ਹੇ ਭਾਈ!) ਸਾਧ ਸੰਗਤਿ ਵਿਚ ਮਿਲਿਆਂ (ਮਾਇਆ-) ਚੁੜੇਲ (ਦੀ ਚੰਬੜ) ਦੂਰ ਹੋ ਜਾਂਦੀ ਹੈ ॥ਰਹਾਉ॥
8751	201	ਨੇਤ੍ਰ ਪੁਨੀਤ ਪੇਖਤ ਹੀ ਦਰਸ॥		Naethr Puneeth Paekhath Hee Dharas ||	My eyes are purified, beholding the Blessed Vision of His Darshan.	(ਹੇ ਭਾਈ!) ਗੋਬਿੰਦ ਦਾ ਦਰਸਨ ਕਰਦਿਆਂ ਹੀ ਅੱਖਾਂ ਪਵਿਤ੍ਰ ਹੋ ਜਾਂਦੀਆਂ ਹਨ (ਵਿਕਾਰ-ਵਾਸਨਾ ਤੋਂ ਰਹਿਤ ਹੋ ਜਾਂਦੀਆਂ ਹਨ)।
8752	201	ਧਨਿ ਮਸਤਕ ਚਰਨਕਮਲ ਹੀ ਪਰਸ॥	(ਪਰਸ) ਛੂਹ ਕੇ	Dhhan Masathak Charan Kamal Hee Paras ||	Blessed is the forehead which touches His Lotus Feet.	(ਹੇ ਭਾਈ!) ਭਾਗਾਂ ਵਾਲੇ ਹਨ ਉਹ ਮੱਥੇ ਜਿਨ੍ਹਾਂ ਨੂੰ ਗੋਬਿੰਦ ਦੇ ਸੋਹਣੇ ਚਰਨਾਂ ਦੀ ਛੋਹ ਮਿਲਦੀ ਹੈ।
8753	201	ਗੋਬਿੰਦ ਕੀ ਟਹਲ ਸਫਲ ਇਹ ਕਾਂਇਆ॥	(ਟਹਲ) ਸੇਵਾ। (ਕਾਂਇਆ) ਦੇਹ	Gobindh Kee Ttehal Safal Eih Kaaneiaa ||	Working for the Lord of the Universe, the body becomes fruitful.	ਪਰਮਾਤਮਾ ਦੀ ਸੇਵਾ-ਭਗਤੀ ਕਰਨ ਨਾਲ ਇਹ ਸਰੀਰ ਸਫਲ ਹੋ ਜਾਂਦਾ ਹੈ,
8754	202	ਸੰਤ ਪ੍ਰਸਾਦਿ ਪਰਮਪਦੁ ਪਾਇਆ॥੨॥		Santh Prasaadh Param Padh Paaeiaa ||2||	By the Grace of the Saints, I have obtained the supreme status. ||2||	ਗੁਰੂ-ਸੰਤ ਦੀ ਕਿਰਪਾ ਨਾਲ ਸਭ ਤੋਂ ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ ॥੨॥
8755	202	ਜਨ ਕੀ ਕੀਨੀ ਆਪਿ ਸਹਾਇ॥	(ਸਹਾਇ) ਸਹਾਇਤਾ	Jan Kee Keenee Aap Sehaae ||	The Lord is the Help and Support of His humble servant.	(ਹੇ ਭਾਈ!) ਪਰਮਾਤਮਾ ਨੇ ਆਪ ਜਿਸ ਮਨੁੱਖ ਦੀ ਸਹਾਇਤਾ ਕੀਤੀ,

8756	202	ਸੁਖੁ ਪਾਇਆ ਲਗਿ ਦਾਸਹ ਪਾਇ॥	(ਪਾਇ) ਚਰਨੀਂਲੱਗਿ	Sukh Paaeiaa Lag Dhaaseh Paae ||	I have found peace, falling at the feet of His slaves.	ਉਸ ਨੇ ਪਰਮਾਤਮਾ ਦੇ ਭਗਤਾਂ ਦੀ ਚਰਨੀਂ ਲੱਗ ਕੇ ਆਤਮਕ ਆਨੰਦ ਮਾਣਿਆ।
8757	202	ਆਪੁ ਗਇਆ ਤਾ ਆਪਹਿ ਭਏ॥		Aap Gaeiaa Thaa Aapehi Bheae ||	When selfishness is gone, then one becomes the Lord Himself;	ਉਹਨਾਂ ਦੇ ਅੰਦਰੋਂ (ਜਦੋਂ) ਆਪਾ-ਭਾਵ ਦੂਰ ਹੋ ਗਿਆ ਤਦੋਂ ਉਹ ਪਰਮਾਤਮਾ ਦਾ ਰੂਪ ਹੀ ਹੋ ਗਏ,
8758	202	ਕ੍ਰਿਪਾਨਿਧਾਨ ਕੀ ਸਰਨੀ ਪਏ॥੩॥		Kirapaa Nidhhaan Kee Saranee Peae ||3||	Seek the Sanctuary of the treasure of mercy. ||3||	ਜੇਹੜੇ ਮਨੁੱਖ ਦਇਆ ਦੇ ਖ਼ਜ਼ਾਨੇ ਪਰਮਾਤਮਾ ਦੀ ਸਰਨ ਆ ਪਏ ॥੩॥
8759	202	ਜੋ ਚਾਹਤ ਸੋਈ ਜਬ ਪਾਇਆ॥		Jo Chaahath Soee Jab Paaeiaa ||	When someone finds the One he has desired,	(ਹੇ ਭਾਈ!) ਜਦੋਂ ਕਿਸੇ ਮਨੁੱਖ ਨੂੰ (ਗੁਰੂ ਦੀ ਕਿਰਪਾ ਨਾਲ) ਉਹ ਪਰਮਾਤਮਾ ਹੀ ਮਿਲ ਪੈਂਦਾ ਹੈ ਜਿਸ ਨੂੰ ਉਹ ਮਿਲਣਾ ਚਾਹੁੰਦਾ ਹੈ,
8760	202	ਤਬ ਢੂੰਢਨ ਕਹਾ ਕੋ ਜਾਇਆ॥		Thab Dtoondtan Kehaa Ko Jaaeiaa ||	Then where should he go to look for Him?	ਤਦੋਂ ਉਹ (ਬਾਹਰ ਜੰਗਲਾਂ ਪਹਾੜਾਂ ਆਦਿਕ ਵਿਚ ਉਸ ਨੂੰ) ਲੱਭਣ ਲਈ ਨਹੀਂ ਜਾਂਦਾ।
8761	202	ਅਸਥਿਰ ਭਏ ਬਸੇ ਸੁਖ ਆਸਨ॥		Asathhir Bheae Basae Sukh Aasan ||	I have become steady and stable, and I dwell in the seat of peace.	(ਪਰਮਾਤਮਾ ਨੂੰ ਆਪਣੇ ਅੰਦਰ ਹੀ ਲੱਭ ਲੈਣ ਵਾਲੇ ਮਨੁੱਖ) ਅਡੋਲ-ਚਿੱਤ ਹੋ ਜਾਂਦੇ ਹਨ, ਉਹ ਸਦਾ ਆਨੰਦ ਅਵਸਥਾ ਵਿਚ ਟਿਕੇ ਰਹਿੰਦੇ ਹਨ,

8762	202	ਗੁਰ ਪ੍ਰਸਾਦਿ ਨਾਨਕ ਸੁਖ ਬਾਸਨ॥੪॥੧੧੦॥	(ਬਾਸਨ) ਨਿਵਾਸ	Gur Prasaadh Naanak Sukh Baasan ||4||110||	By Guru's Grace, Nanak has entered the home of peace. ||4||110||	ਹੇ ਨਾਨਕ! ਗੁਰੂ ਦੀ ਕਿਰਪਾ ਨਾਲ ਉਹ ਸਦਾ ਸੁਖਾਂ ਵਿਚ ਵੱਸਣ ਵਾਲੇ ਹੋ ਜਾਂਦੇ ਹਨ ॥੪॥੧੧੦॥
8763	202	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8764	202	ਕੋਟਿ ਮਜਨ ਕੀਨੋ ਇਸਨਾਨ॥	ਮੱਜਨ	Kott Majan Keeno Eisanaan ||	The merits of taking millions of ceremonial cleansing baths,	(ਹੇ ਭਾਈ!) ਉਸ ਨੇ (ਮਾਨੋ) ਕ੍ਰੋੜਾਂ ਤੀਰਥਾਂ ਵਿਚ ਚੁੱਭੀਆਂ ਲਾ ਲਈਆਂ, ਕ੍ਰੋੜਾਂ ਤੀਰਥਾਂ ਦੇ ਇਸ਼ਨਾਨ ਕਰ ਲਏ,
8765	202	ਲਾਖ ਅਰਬ ਖਰਬ ਦੀਨੋ ਦਾਨੁ॥		Laakh Arab Kharab Dheeno Dhaan ||	The giving of hundreds of thousands, billions and trillions in charity	ਉਸ ਨੇ (ਮਾਨੋ) ਲੱਖਾਂ ਰੁਪਏ ਅਰਬਾਂ ਰੁਪਏ ਖਰਬਾਂ ਰੁਪਏ ਦਾਨ ਕਰ ਲਏ,
8766	202	ਜਾ ਮਨਿ ਵਸਿਓ ਹਰਿ ਕੋ ਨਾਮੁ॥੧॥	(ਜਾ) ਜਿਸ	Jaa Man Vasiou Har Ko Naam ||1||	- these are obtained by those whose minds are filled with the Name of the Lord. ||1||	ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ ॥੧॥
8767	202	ਸਗਲ ਪਵਿਤ ਗੁਨ ਗਾਇ ਗੁਪਾਲ॥		Sagal Pavith Gun Gaae Gupaal ||	Those who sing the Glories of the Lord of the World are totally pure.	(ਹੇ ਭਾਈ!) ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੇ ਗੁਣ ਗਾ ਕੇ ਸਾਰੇ ਮਨੁੱਖ ਪਵਿਤ੍ਰ ਹੋ ਸਕਦੇ ਹਨ।

8768	202	ਪਾਪ ਮਿਟਹਿ ਸਾਧੂ ਸਰਨਿ ਦਇਆਲ॥ਰਹਾਉ॥		Paap Mittehi Saadhhoo Saran Dhaeiaal || Rehaao ||	Their sins are erased, in the Sanctuary of the Kind and Holy Saints. ||Pause||	ਦਇਆ ਦੇ ਸੋਮੇ ਗੁਰੂ ਦੀ ਸਰਨ ਪਿਆਂ (ਸਾਰੇ) ਪਾਪ ਮਿਟ ਜਾਂਦੇ ਹਨ ॥ਰਹਾਉ॥
8769	202	ਬਹੁਤੁ ਉਰਧ ਤਪ ਸਾਧਨ ਸਾਧੇ॥	(ਉਰਧ) ਉਲਟੇ ਲਮਕ ਕੇ। ਤਪ: ਪੋਲਾ ਬੋਲੋ। ਸੱਧੇ	Bahuth Ouradhh Thap Saadhhan Saadhhae ||	The merits of performing all sorts of austere acts of penance and self-discipline,	(ਹੇ ਭਾਈ!) ਉਸ ਨੇ (ਮਾਨੋ) ਪੁੱਠੇ ਲਟਕ ਕੇ ਅਨੇਕਾਂ ਤਪਾਂ ਦੇ ਸਾਧਨ ਸਾਧ ਲਏ,
8770	202	ਅਨਿਕ ਲਾਭ ਮਨੋਰਥ ਲਾਧੇ॥	(ਮਨੋਰਥ) ਇੱਛਾ। (ਲਾੱਧੇ) ਲੱਭੇ	Anik Laabh Manorathh Laadhhae ||	Earning huge profits and seeing one's desires fulfilled	ਉਸ ਨੇ (ਮਾਨੋ, ਰਿੱਧੀਆਂ ਸਿੱਧੀਆਂ ਦੇ) ਅਨੇਕਾਂ ਲਾਭ ਖੱਟ ਲਏ, ਅਨੇਕਾਂ ਮਨੋਰਥ ਹਾਸਲ ਕਰ ਲਏ,
8771	202	ਹਰਿ ਹਰਿ ਨਾਮ ਰਸਨ ਆਰਾਧੇ॥੨॥	(ਆਰਾਧੇ) ਜਪਣ ਨਾਲ	Har Har Naam Rasan Aaraadhhae ||2||	- these are obtained by chanting the Name of the Lord, Har, Har, with the tongue. ||2||	ਜੇਹੜਾ ਮਨੁੱਖ ਆਪਣੀ ਜੀਭ ਨਾਲ ਪਰਮਾਤਮਾ ਦਾ ਨਾਮ ਜਪਦਾ ਹੈ ॥੨॥
8772	202	ਸਿੰਮ੍ਰਿਤਿ ਸਾਸਤ ਬੇਦ ਬਖਾਨੇ॥	(ਬਖਾਨੇ) ਪੜ੍ਹ ਲਏ। ਸਿੰਮ-ਫ੍ਰਿਤਿ	Sinmrith Saasath Baedh Bakhaanae ||	The merits of reciting the Simritees, the Shaastras and the Vedas,	(ਹੇ ਭਾਈ!) ਉਸ ਨੇ (ਮਾਨੋ) ਸਿਮ੍ਰਿਤੀਆਂ ਸ਼ਾਸਤ੍ਰਾਂ ਵੇਦਾਂ ਦੇ ਉਚਾਰਨ ਕਰ ਲਏ,

8773	202	ਜੋਗ ਗਿਆਨ ਸਿਧ ਸੁਖ ਜਾਨੇ॥	ਸਿੱਧ	Jog Giaan Sidhh Sukh Jaanae ||	Knowledge of the science of Yoga, spiritual wisdom and the pleasure of miraculous spiritual powers	ਉਸ ਨੇ (ਮਾਨੇ) ਜੋਗ (ਦੀਆਂ ਗੁੰਝਲਾਂ) ਦੀ ਸੂਝ ਪ੍ਰਾਪਤ ਕਰ ਲਈ, ਉਸ ਨੇ (ਮਾਨੇ) ਸਿੱਧਾਂ ਨੂੰ ਮਿਲੇ ਸੁਖਾਂ ਨਾਲ ਸਾਂਝ ਪਾ ਲਈ,
8774	202	ਨਾਮੁ ਜਪਤ ਪ੍ਰਭ ਸਿਉ ਮਨ ਮਾਨੇ॥੩॥	(ਮਾਨੇ) ਮੰਨ ਗਿਆ ਭਾਵ ਪ੍ਰਤੀਤ ਆ ਗਈ	Naam Japath Prabh Sio Man Maanae ||3||	- these come by surrendering the mind and meditating on the Name of God. ||3||	ਜਿਸ ਮਨੁੱਖ ਦਾ ਮਨ ਪਰਮਾਤਮਾ ਦਾ ਨਾਮ ਸਿਮਰਦਿਆਂ ਸਿਮਰਦਿਆਂ ਪਰਮਾਤਮਾ ਨਾਲ ਗਿੱਝ ਜਾਂਦਾ ਹੈ ॥੩॥
8775	202	ਅਗਾਧਿ ਬੋਧਿ ਹਰਿ ਅਗਮ ਅਪਾਰੇ॥	(ਅਗਾਧਿ) ਅਥਾਹ	Agaadhh Bodhh Har Agam Apaarae ||	The wisdom of the Inaccessible and Infinite Lord is incomprehensible.	(ਹੇ ਭਾਈ! ਜਿਸ ਮਨੁੱਖ ਉਤੇ ਪ੍ਰਭੂ ਕਿਰਪਾ ਕਰਦਾ ਹੈ, ਉਹ ਮਨੁੱਖ) ਉਸ ਅਥਾਹ ਹਸਤੀ ਵਾਲੇ ਅਪਹੁੰਚ ਤੇ ਬੇਅੰਤ ਪਰਮਾਤਮਾ ਦਾ ਨਾਮ ਜਪਦਾ ਹੈ,
8776	202	ਨਾਮੁ ਜਪਤ ਨਾਮੁ ਰਿਦੇ ਬੀਚਾਰੇ॥		Naam Japath Naam Ridhae Beechaarae ||	Meditating on the Naam, the Name of the Lord, and contemplating the Naam within our hearts,	ਉਸ ਦਾ ਨਾਮ ਆਪਣੇ ਹਿਰਦੇ ਵਿਚ ਟਿਕਾਂਦਾ ਹੈ।
8777	202	ਨਾਨਕ ਕਉ ਪ੍ਰਭ ਕਿਰਪਾ ਧਾਰੇ॥੪॥੧੧੧॥		Naanak Ko Prabh Kirapaa Dhhaarae ||4||111||	O Nanak, God has showered His Mercy upon us. ||4||111||	(ਹੇ ਨਾਨਕ! ਤੂੰ ਭੀ ਅਰਦਾਸ ਕਰ ਤੇ ਆਖ-) ਹੇ ਪ੍ਰਭੂ! ਮੈਂ ਨਾਨਕ ਉਤੇ ਕਿਰਪਾ ਕਰ (ਤਾ ਕਿ ਮੈਂ ਤੇਰਾ ਨਾਮ ਜਪ ਸਕਾਂ) ॥੪॥੧੧੧॥
8778	202	ਗਉੜੀ ਮਃ ੫॥		Gourree Ma 5 ||	Gauree, Fifth Mehl:	

8779	202	ਸਿਮਰਿ ਸਿਮਰਿ ਸਿਮਰਿ ਸੁਖੁ ਪਾਇਆ॥		Simar Simar Simar Sukh Paaeiaa ||	Meditating, meditating, meditating in remembrance, I have found peace.	(ਹੇ ਭਾਈ! ਗੋਬਿੰਦ ਦਾ ਆਰਾਧਨ ਗੁਰੂ ਦੀ ਰਾਹੀਂ ਹੀ ਮਿਲਦਾ ਹੈ।) ਉਸ ਨੇ ਗੋਬਿੰਦ ਦਾ ਨਾਮ ਸਿਮਰ ਸਿਮਰ ਕੇ ਆਤਮਕ ਆਨੰਦ ਮਾਣਿਆ ਹੈ,
8780	202	ਚਰਨਕਮਲ ਗੁਰ ਰਿਦੈ ਬਸਾਇਆ॥੧॥		Charan Kamal Gur Ridhai Basaaeiaa ||1||	I have enshrined the Lotus Feet of the Guru within my heart. ||1||	(ਜਿਸ ਮਨੁੱਖ ਨੇ) ਗੁਰੂ ਦੇ ਸੋਹਣੇ ਚਰਨ ਆਪਣੇ ਹਿਰਦੇ ਵਿਚ ਵਸਾਏ ਹਨ ॥੧॥
8781	202	ਗੁਰ ਗੋਬਿੰਦੁ ਪਾਰਬ੍ਰਹਮੁ ਪੂਰਾ॥		Gur Gobindh Paarabreham Pooraa ||	The Guru, the Lord of the Universe, the Supreme Lord God, is perfect.	(ਹੇ ਭਾਈ!) ਗੋਬਿੰਦ ਪਾਰਬ੍ਰਹਮ (ਸਭ ਹਸਤੀਆਂ ਨਾਲੋਂ) ਵੱਡਾ ਹੈ, ਸਾਰੇ ਗੁਣਾਂ ਦਾ ਮਾਲਕ ਹੈ (ਉਸ ਵਿਚ ਕੋਈ ਕਿਸੇ ਕਿਸਮ ਦੀ ਘਾਟ ਨਹੀਂ ਹੈ)।
8782	202	ਤਿਸਹਿ ਅਰਾਧਿ ਮੇਰਾ ਮਨੁ ਧੀਰਾ॥ਰਹਾਉ॥	(ਧੀਰਾ) ਧੀਰਜ ਵਾਲਾ	Thisehi Araadhh Maeraa Man Dhheeraa || Rehaao ||	Worshipping Him, my mind has found a lasting peace. ||Pause||	ਉਸ ਗੋਬਿੰਦ ਨੂੰ ਆਰਾਧ ਕੇ ਮੇਰਾ ਮਨ ਹੌਸਲੇ ਵਾਲਾ ਬਣ ਜਾਂਦਾ ਹੈ (ਤੇ ਅਨੇਕਾਂ ਕਿਲਬਿਖਾਂ ਦਾ ਟਾਕਰਾ ਕਰਨ ਜੋਗਾ ਹੋ ਜਾਂਦਾ ਹੈ)।ਰਹਾਉ।
8783	202	ਅਨ ਦਿਨੁ ਜਪਉ ਗੁਰੂ ਗੁਰ ਨਾਮ॥		Anadhin Japo Guroo Gur Naam ||	Night and day, I meditate on the Guru, and the Name of the Guru.	(ਹੇ ਭਾਈ!) ਮੈਂ ਤਾਂ ਹਰ ਵੇਲੇ ਗੁਰੂ ਦਾ ਨਾਮ ਚੇਤੇ ਰੱਖਦਾ ਹਾਂ (ਗੁਰੂ ਦੀ ਮਿਹਰ ਨਾਲ ਹੀ ਗੋਬਿੰਦ ਦਾ ਸਿਮਰਨ ਪ੍ਰਾਪਤ ਹੁੰਦਾ ਹੈ, ਤੇ)

8784	202	ਤਾ ਤੇ ਸਿਧਿ ਭਏ ਸਗਲ ਕਾਂਮ॥੨॥	ਸਿੱਧਿ	Thaa Thae Sidhh Bheae Sagal Kaanm ||2||	Thus all my works are brought to perfection. ||2||	ਉਸ ਸਿਮਰਨ ਦੀ ਬਰਕਤਿ ਨਾਲ ਸਾਰੇ ਕੰਮਾਂ ਵਿਚ ਸਫਲਤਾ ਹਾਸਲ ਹੁੰਦੀ ਹੈ ॥੨॥
8785	202	ਦਰਸਨ ਦੇਖਿ ਸੀਤਲ ਮਨ ਭਏ॥		Dharasan Dhaekh Seethal Man Bheae ||	Beholding the Blessed Vision of His Darshan, my mind has become cool and tranquil,	(ਹੇ ਭਾਈ! ਗੁਰੂ ਦੀ ਰਾਹੀਂ ਹਰ ਥਾਂ ਪਰਮਾਤਮਾ ਦਾ) ਦਰਸਨ ਕਰ ਕੇ (ਦਰਸਨ ਕਰਨ ਵਾਲੇ) ਠੰਢੇ ਠਾਰ ਮਨ ਵਾਲੇ ਹੋ ਜਾਂਦੇ ਹਨ,
8786	202	ਜਨਮ ਜਨਮ ਕੇ ਕਿਲਬਿਖ ਗਏ॥੩॥		Janam Janam Kae Kilabikh Geae ||3||	And the sinful mistakes of countless incarnations have been washed away. ||3||	ਤੇ ਉਹਨਾਂ ਦੇ ਅਨੇਕਾਂ (ਪਹਿਲੇ) ਜਨਮਾਂ ਦੇ ਕੀਤੇ ਹੋਏ ਪਾਪ ਨਾਸ ਹੋ ਜਾਂਦੇ ਹਨ ॥੩॥
8787	202	ਕਹੁ ਨਾਨਕ ਕਹਾ ਭੈ ਭਾਈ॥		Kahu Naanak Kehaa Bhai Bhaaee ||	Says Nanak, where is fear now, O Siblings of Destiny?	ਨਾਨਕ ਆਖਦਾ ਹੈ- ਹੇ ਭਾਈ! (ਗੁਰੂ ਦੀ ਸਰਨ ਪੈ ਕੇ ਗੋਬਿੰਦ ਦਾ ਨਾਮ ਸਿਮਰਿਆਂ ਦੁਨੀਆ ਵਾਲੇ) ਸਾਰੇ ਡਰ-ਖ਼ਤਰੇ ਮਨ ਤੋਂ ਲਹਿ ਜਾਂਦੇ ਹਨ,
8788	202	ਅਪਨੇ ਸੇਵਕ ਕੀ ਆਪਿ ਪੈਜ ਰਖਾਈ॥੪॥੧੧੨॥		Apanae Saevak Kee Aap Paij Rakhaaee ||4||112||	The Guru Himself has preserved the honor of His servant. ||4||112||	(ਕਿਉਂਕਿ) ਸਿਮਰਨ ਦੀ ਬਰਕਤਿ ਨਾਲ ਇਹ ਯਕੀਨ ਬਣ ਜਾਂਦਾ ਹੈ ਕਿ (ਗੋਬਿੰਦ ਆਪਣੇ ਸੇਵਕ ਦੀ ਆਪ ਲਾਜ ਰੱਖਦਾ ਹੈ ॥੪॥੧੧੨॥
8789	202	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

8790	202	ਅਪਨੇ ਸੇਵਕ ਕਉ ਆਪਿ ਸਹਾਈ॥		Apanae Saevak Ko Aap Sehaaee ||	The Lord Himself is the Help and Support of His servants.	(ਹੇ ਭਾਈ!) ਪਰਮਾਤਮਾ ਆਪਣੇ ਸੇਵਕ ਦੇ ਵਾਸਤੇ (ਸਦਾ) ਮਦਦਗਾਰ ਬਣਿਆ ਰਹਿੰਦਾ ਹੈ,
8791	202	ਨਿਤ ਪ੍ਰਤਿਪਾਰੈ ਬਾਪ ਜੈਸੇ ਮਾਈ॥੧॥		Nith Prathipaarai Baap Jaisae Maaee ||1||	He always cherishes them, like their father and mother. ||1||	ਸਦਾ (ਆਪਣੇ ਸੇਵਕ ਦੀ) ਸੰਭਾਲ ਕਰਦਾ ਹੈ ਜਿਵੇਂ ਮਾਂ ਤੇ ਪਿਉ (ਆਪਣੇ ਬੱਚੇ ਦੀ ਸੰਭਾਲ ਕਰਦੇ ਹਨ) ॥੧॥
8792	202	ਪ੍ਰਭ ਕੀ ਸਰਨਿ ਉਬਰੈ ਸਭ ਕੋਇ॥		Prabh Kee Saran Oubarai Sabh Koe ||	In God's Sanctuary, everyone is saved.	(ਹੇ ਭਾਈ!) ਹਰੇਕ ਮਨੁੱਖ (ਜੇਹੜਾ) ਪਰਮਾਤਮਾ ਦੀ ਸਰਨ ਵਿਚ (ਆਉਂਦਾ ਹੈ, ਸਾਰੇ ਵਿਕਾਰਾਂ ਡਰਾਂ-ਸਹਿਮਾਂ ਤੋਂ) ਬਚ ਜਾਂਦਾ ਹੈ,
8793	202	ਕਰਨ ਕਰਾਵਨ ਪੂਰਨ ਸਚੁ ਸੋਇ॥ਰਹਾਉ॥		Karan Karaavan Pooran Sach Soe || Rehaao ||	That Perfect True Lord is the Doer, the Cause of causes. ||Pause||	ਉਸ ਨੂੰ ਨਿਸਚਾ ਬਣ ਜਾਂਦਾ ਹੈ ਕਿ ਉਹ ਸਰਬ-ਵਿਆਪਕ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਸਭ ਕੁਝ ਕਰਨ ਦੀ ਸਮਰੱਥਾ ਰੱਖਦਾ ਹੈ ਤੇ ਜੀਵਾਂ ਪਾਸੋਂ ਸਭ ਕੁਝ ਕਰਾਣ ਵਾਲਾ ਹੈ।ਰਹਾਉ।
8794	202	ਅਬ ਮਨਿ ਬਸਿਆ ਕਰਨੈਹਾਰਾ॥		Ab Man Basiaa Karanaihaaraa ||	My mind now dwells in the Creator Lord.	(ਹੇ ਭਾਈ!) ਸਭ ਕੁਝ ਕਰਨ ਦੀ ਸਮਰੱਥਾ ਰੱਖਣ ਵਾਲਾ ਪਰਮਾਤਮਾ (ਮੇਰੇ) ਮਨ ਵਿਚ ਆ ਵੱਸਿਆ ਹੈ,

8795	202	ਭੈ ਬਿਨਸੇ ਆਤਮ ਸੁਖ ਸਾਰਾ॥੨॥		Bhai Binasae Aatham Sukh Saaraa ||2||	My fears have been dispelled, and my soul has found the most sublime peace. ||2||	ਹੁਣ ਮੇਰੇ ਸਾਰੇ ਡਰ-ਖ਼ਤਰੇ ਨਾਸ ਹੋ ਗਏ ਹਨ ਤੇ ਮੈਂ ਆਤਮਕ ਆਨੰਦ ਮਾਣ ਰਿਹਾ ਹਾਂ ॥੨॥
8796	202	ਕਰਿ ਕਿਰਪਾ ਅਪਨੇ ਜਨ ਰਾਖੇ॥		Kar Kirapaa Apanae Jan Raakhae ||	The Lord has granted His Grace, and saved His humble servant.	(ਹੇ ਭਾਈ!) ਪਰਮਾਤਮਾ ਕਿਰਪਾ ਕਰ ਕੇ ਆਪਣੇ ਸੇਵਕਾਂ ਦੀ ਆਪ ਰੱਖਿਆ ਕਰਦਾ ਹੈ,
8797	202	ਜਨਮ ਜਨਮ ਕੇ ਕਿਲਬਿਖ ਲਾਥੇ॥੩॥		Janam Janam Kae Kilabikh Laathhae ||3||	The sinful mistakes of so many incarnations have been washed away. ||3||	ਉਹਨਾਂ ਦੇ (ਪਹਿਲੇ) ਅਨੇਕਾਂ ਜਨਮਾਂ ਦੇ (ਕੀਤੇ) ਪਾਪਾਂ ਦੇ ਸੰਸਕਾਰ (ਉਹਨਾਂ ਦੇ ਮਨ ਤੋਂ) ਲਹਿ ਜਾਂਦੇ ਹਨ ॥੩॥
8798	202	ਕਹਨੁ ਨ ਜਾਇ ਪ੍ਰਭ ਕੀ ਵਡਿਆਈ॥		Kehan N Jaae Prabh Kee Vaddiaaee ||	The Greatness of God cannot be described.	ਪਰਮਾਤਮਾ ਕੇਡੀ ਵੱਡੀ ਸਮਰੱਥਾ ਵਾਲਾ ਹੈ-ਇਹ ਗੱਲ ਬਿਆਨ ਨਹੀਂ ਕੀਤੀ ਜਾ ਸਕਦੀ।
8799	202	ਨਾਨਕ ਦਾਸ ਸਦਾ ਸਰਨਾਈ॥੪॥੧੧੩॥		Naanak Dhaas Sadhaa Saranaaee ||4||113||	Servant Nanak is forever in His Sanctuary. ||4||113||	ਹੇ ਨਾਨਕ! ਪਰਮਾਤਮਾ ਦੇ ਸੇਵਕ ਸਦਾ ਪਰਮਾਤਮਾ ਦੀ ਸਰਨ ਪਏ ਰਹਿੰਦੇ ਹਨ ॥੪॥੧੧੩॥
8800	202	ਰਾਗੁ ਗਉੜੀ ਚੇਤੀ ਮਹਲਾ ੫ ਦੁਪਦੇ		Raag Gourree Chaethee Mehalaa 5 Dhupadhae	Raag Gauree Chaytee, Fifth Mehl, Du-Padas:	ਰਾਗ ਗਉੜੀ-ਚੇਤੀ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਪਦਿਆਂ ਵਾਲੀ ਬਾਣੀ।

8801	202	ੴ ਸਤਿਗੁਰ ਪ੍ਰਸਾਦਿ॥	ਦੁ-ਪਦੇ	Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
8802	202	ਰਾਮ ਕੋ ਬਲੁ ਪੂਰਨ ਭਾਈ॥		Raam Ko Bal Pooran Bhaaee ||	The power of the Lord is universal and perfect, O Siblings of Destiny.	ਹੇ ਭਾਈ! ਪਰਮਾਤਮਾ ਦੀ ਤਾਕਤ ਹਰ ਥਾਂ (ਆਪਣਾ ਪ੍ਰਭਾਵ ਪਾ ਰਹੀ ਹੈ)।
8803	202	ਤਾ ਤੇ ਬ੍ਰਿਥਾ ਨ ਬਿਆਪੈ ਕਾਈ॥੧॥ਰਹਾਉ॥	(ਬ੍ਰਿਥਾ) ਪੀੜਾ। (ਕਾਈ) ਕੋਈ	Thaa Thae Brithhaa N Biaapai Kaaee ||1|| Rehaao ||	So no pain can ever afflict me. ||1||Pause||	(ਇਸ ਵਾਸਤੇ ਜਿਸ ਸੇਵਕ ਦੇ ਸਿਰ ਉਤੇ ਪਰਮਾਤਮਾ ਆਪਣਾ ਮਿਹਰ ਦਾ ਹੱਥ ਰੱਖਦਾ ਹੈ) ਉਸ ਤਾਕਤ ਦੀ ਬਰਕਤਿ ਨਾਲ (ਉਸ ਸੇਵਕ ਉੱਤੇ) ਕੋਈ ਦੁੱਖ-ਕਲੇਸ਼ ਆਪਣਾ ਜ਼ੋਰ ਨਹੀਂ ਪਾ ਸਕਦਾ ॥੧॥ ਰਹਾਉ ॥
8804	202	ਜੋ ਜੋ ਚਿਤਵੈ ਦਾਸੁ ਹਰਿ ਮਾਈ॥	(ਚਿਤਵੈ) ਸੰਕਲਪ ਕਰੇ	Jo Jo Chithavai Dhaas Har Maaee ||	Whatever the Lord's slave wishes, O mother,	ਹੇ (ਮੇਰੀ) ਮਾਂ! ਪਰਮਾਤਮਾ ਦਾ ਸੇਵਕ ਜੇਹੜੀ ਜੇਹੜੀ ਮੰਗ ਆਪਣੇ ਮਨ ਵਿਚ ਚਿਤਾਰਦਾ ਹੈ,
8805	202	ਸੋ ਸੋ ਕਰਤਾ ਆਪਿ ਕਰਾਈ॥੧॥		So So Karathaa Aap Karaaee ||1||	The Creator Himself causes that to be done. ||1||	ਕਰਤਾਰ ਆਪ ਉਸ ਦੀ ਉਹ ਮੰਗ ਪੂਰੀ ਕਰ ਦੇਂਦਾ ਹੈ ॥੧॥
8806	202	ਨਿੰਦਕ ਕੀ ਪ੍ਰਭਿ ਪਤਿ ਗਵਾਈ॥		Nindhak Kee Prabh Path Gavaaee ||	God causes the slanderers to lose their honor.	(ਸੇਵਕ ਦੇ) ਦੋਖੀ-ਨਿੰਦਕ ਦੀ ਇੱਜ਼ਤ ਪ੍ਰਭੂ ਨੇ ਲੋਕ-ਪਰਲੋਕ ਵਿਚ ਆਪ ਗਵਾ ਦਿੱਤੀ ਹੁੰਦੀ ਹੈ।

8807	202	ਨਾਨਕ ਹਰਿ ਗੁਣ ਨਿਰਭਉ ਗਾਈ॥੨॥੧੧੪॥		Naanak Har Gun Nirabho Gaaee ||2||114||	Nanak sings the Glorious Praises of the Fearless Lord. ||2||114||	ਹੇ ਨਾਨਕ! (ਪਰਮਾਤਮਾ ਦਾ ਸੇਵਕ) ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ (ਤੇ ਦੁਨੀਆ ਦੇ ਡਰਾਂ ਵਲੋਂ) ਨਿਡਰ ਹੋ ਜਾਂਦਾ ਹੈ ॥੨॥੧੧੪॥
8808	203	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8809	203	ਭੁਜ ਬਲ ਬੀਰ ਬ੍ਰਹਮ ਸੁਖਸਾਗਰ॥	(ਭੁਜ:ਪੋਲਾ ਬੋਲੋ। (ਭੁਜ) ਬਾਹਾਂ ਚ ਬਲ, (ਬੀਰ) ਸੂਰਮੇ, (ਸੁਖਸਾਗਰ) ਸੁਖਾਂ ਦੇ ਸਾਗਰ ਬ੍ਰਹਮ ਜੀ	Bhuj Bal Beer Breham Sukh Saagar	O Brave and Powerful God, Ocean of Peace,	ਹੇ ਬਲੀ ਬਾਹਾਂ ਵਾਲੇ ਸੂਰਮੇ ਪ੍ਰਭੂ! ਹੇ ਸੁਖਾਂ ਦੇ ਸਮੁੰਦਰ ਪਾਰਬ੍ਰਹਮ!
8810	203	ਗਰਤ ਪਰਤ ਗਹਿ ਲੇਹੁ ਅੰਗੁਰੀਆ॥੧॥ਰਹਾਉ॥	ਜੀਆਂ ਨੂੰ ਕੋਹਣ ਅਥਵਾ ਔਗੁਣਾਂ ਰੂਪ (ਗਰਤ) ਟੋਆ। ਬ੍ਰਿਤੀ ਰੂਪੀ (ਅੰ-ਗੁਰੀਆ) ਉਂਗਲੀ	Garath Parath Gehi Laehu Angureeaa ||1|| Rehaao ||	I fell into the pit - please, take my hand. ||1||Pause||	(ਸੰਸਾਰ-ਸਮੁੰਦਰ ਦੇ ਵਿਕਾਰਾਂ ਦੇ) ਟੋਏ ਵਿਚ ਡਿਗਦੇ ਦੀ (ਮੇਰੀ) ਉਂਗਲੀ ਫੜ ਲੈ ॥੧॥ ਰਹਾਉ ॥
8811	203	ਸ੍ਰਵਨਿ ਨ ਸੁਰਤਿ ਨੈਨ ਸੁੰਦਰ ਨਹੀ॥	(ਸ੍ਰਵਨਿ) ਕੰਨ। (ਸੁਰਤਿ) ਸਮਝ	Sravan N Surath Nain Sundhar Nehee	My ears do not hear, and my eyes are not beautiful.	(ਹੇ ਪ੍ਰਭੂ! ਮੇਰੇ) ਕੰਨ ਵਿਚ (ਤੇਰੀ ਸਿਫ਼ਤ-ਸਾਲਾਹ) ਸੁਣਨ (ਦੀ ਸੂਝ) ਨਹੀਂ, ਮੇਰੀਆਂ ਅੱਖਾਂ (ਅਜੇਹੀਆਂ) ਸੋਹਣੀਆਂ ਨਹੀਂ (ਕਿ ਹਰ ਥਾਂ ਤੇਰਾ ਦੀਦਾਰ ਕਰ ਸਕਣ),

8812	203	ਆਰਤ ਦੁਆਰਿ ਰਟਤ ਪਿੰਗੁਰੀਆ॥੧॥	(ਆਰਤ) ਦੁਖੀਆ। (ਰਟਤ) ਉਚਾਰਦਾ। (ਪਿੰਗੁਰੀਆ) ਪਿੰਗਲਾ	Aarath Dhuaar Rattath Pingureeaa ||1||	I am in such pain; I am a poor cripple, crying at Your Door. ||1||	ਮੈਂ ਤੇਰੀ ਸਾਧ ਸੰਗਤਿ ਵਿਚ ਜਾਣ ਜੋਗਾ ਨਹੀਂ ਹਾਂ, ਮੈਂ ਪਿੰਗਲਾ ਹੋ ਚੁਕਾ ਹਾਂ ਤੇ ਦੁੱਖੀ ਹੋ ਕੇ ਤੇਰੇ ਦਰ ਤੇ ਪੁਕਾਰ ਕਰਦਾ ਹਾਂ (ਮੈਨੂੰ ਵਿਕਾਰਾਂ ਦੇ ਟੋਏ ਵਿਚੋਂ ਬਚਾ ਲੈ) ॥੧॥
8813	203	ਦੀਨਾ ਨਾਥ ਅਨਾਥ ਕਰੁਣਾਮੈ ਸਾਜਨ ਮੀਤ ਪਿਤਾ ਮਹਤਰੀਆ॥	(ਦੀਨਾ) ਗ੍ਰੀਬਾਂ ਦੇ (ਨਾਥ) ਮਾਲਕ। (ਕਰੁਣਾ) ਕਿਰਪਾ (ਮੈ) ਸਰੂਪ। (ਮਹ-ਤਰੀਆ) ਮਾਤਾ। ਕਰੁਣਾ-ਮੈ	Dheenaa Naathh Anaathh Karunaa Mai Saajan Meeth Pithaa Mehathareeaa ||	O Master of the poor and helpless, O Embodiment of Compassion, You are my Friend and Intimate, my Father and Mother.	ਹੇ ਨਾਨਕ! (ਆਖ)-ਹੇ ਗਰੀਬਾਂ ਦੇ ਖਸਮ! ਹੇ ਯਤੀਮਾਂ ਉਤੇ ਤਰਸ ਕਰਨ ਵਾਲੇ! ਹੇ ਸੱਜਣ! ਹੇ ਮਿੱਤਰ ਪ੍ਰਭੂ! ਹੇ ਮੇਰੇ ਪਿਤਾ! ਹੇ ਮੇਰੀ ਮਾਂ ਪ੍ਰਭੂ!
8814	203	ਚਰਨਕਵਲ ਹਿਰਦੈ ਗਹਿ ਨਾਨਕ ਭੈ ਸਾਗਰ ਸੰਤ ਪਾਰਿ ਉਤਰੀਆ॥੨॥੨॥੧੧੫॥	(ਗਹਿ) ਪਕੜੇ। (ਸੰਤ) ਸਤਿਗੁਰੂ ਜੀ ਪਾਰਿ (ਉ-ਤਰੀਆ) ਉਤਾਰਨਾ ਕਰੋ ਜੀ	Charan Kaval Hiradhai Gehi Naanak Bhai Saagar Santh Paar Outhareeaa ||2||2||115||	Nanak holds tight to the Lord's Lotus Feet in his heart; thus the Saints cross over the terrifying world-ocean. ||2||2||115||	ਤੇਰੇ ਸੰਤ ਤੇਰੇ ਸੋਹਣੇ ਚਰਨ ਆਪਣੇ ਹਿਰਦੇ ਵਿਚ ਰੱਖ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘਦੇ ਹਨ, (ਮਿਹਰ ਕਰ, ਮੈਨੂੰ ਭੀ ਆਪਣੇ ਚਰਨਾਂ ਦਾ ਪਿਆਰ ਬਖ਼ਸ਼ ਤੇ ਮੈਨੂੰ ਭੀ ਪਾਰ ਲੰਘਾ ਲੈ) ॥੨॥੨॥੧੧੫॥
8815	203	ਰਾਗੁ ਗਉੜੀ ਬੈਰਾਗਣਿ ਮਹਲਾ ੫		Raag Gourree Bairaagan Mehalaa 5	Raag Gauree Bairaagan, Fifth Mehl:	ਰਾਗ ਗਉੜੀ-ਬੈਰਾਗਣਿ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

8816	203	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
8817	203	ਦਯ ਗੁਸਾਈ ਮੀਤੁਲਾ ਤੂੰ ਸੰਗਿ ਹਮਾਰੈ ਬਾਸੁ ਜੀਉ॥੧॥ਰਹਾਉ॥	(ਦ-ਯ) ਪ੍ਰੇਰਕ ਵਾਹਿਗੁਰੂ ਜੀ। ਦ-ਯ: ਦ ਮੁਕਤਾ, ਯ ਮੁਕਤਾ ਤਾਲੂ ਤੋਂ ਬੋਲੋ, ਦੱਜ ਨਹੀਂ ਬੋਲਣਾ। (ਮੀਤੁਲਾ) ਮਿੱਤ੍ਰ। (ਬਾਸੁ) ਵਸ	Dhay Gusaaee Meethulaa Thoon Sang Hamaarai Baas Jeeo ||1|| Rehaao ||	O Dear Lord God, my Best Friend, please, abide with me. ||1||Pause||	ਹੇ ਤਰਸ ਕਰਨ ਵਾਲੇ! ਹੇ ਸ੍ਰਿਸ਼ਟੀ ਦੇ ਖਸਮ! ਤੂੰ ਮੇਰਾ ਪਿਆਰਾ ਮਿੱਤਰ ਹੈਂ, ਸਦਾ ਮੇਰੇ ਨਾਲ ਵੱਸਦਾ ਰਹੁ ॥੧॥ ਰਹਾਉ ॥
8818	203	ਤੁਝ ਬਿਨੁ ਘਰੀ ਨ ਜੀਵਨਾ ਧ੍ਰਿਗੁ ਰਹਣਾ ਸੰਸਾਰਿ॥		Thujh Bin Gharee N Jeevanaa Dhhrig Rehanaa Sansaar ||	Without You, I cannot live, even for an instant, and my life in this world is cursed.	ਹੇ ਜਿੰਦ ਦੇਣ ਵਾਲੇ! ਹੇ ਪ੍ਰਾਣ ਦੇਣ ਵਾਲੇ! ਹੇ ਸੁਖ ਦੇਣ ਵਾਲੇ ਪ੍ਰਭੂ! ਤੈਥੋਂ ਬਿਨਾ ਇਕ ਘੜੀ ਭਰ ਭੀ ਆਤਮਕ ਜੀਵਨ ਨਹੀਂ ਹੋ ਸਕਦਾ ਤੇ (ਆਤਮਕ ਜੀਵਨ ਤੋਂ ਬਿਨਾ) ਸੰਸਾਰ ਵਿਚ ਰਹਿਣਾ ਫਿਟਕਾਰ-ਜੋਗ ਹੈ।
8819	203	ਜੀਅ ਪ੍ਰਾਣ ਸੁਖਦਾਤਿਆ ਨਿਮਖ ਨਿਮਖ ਬਲਿਹਾਰਿ ਜੀ॥੧॥		Jeea Praan Sukhadhaathiaa Nimakh Nimakh Balihaar Jee ||1||	O Breath of Life of the soul, O Giver of peace, each and every instant I am a sacrifice to You. ||1||	ਮੈਂ ਤੈਥੋਂ ਨਿਮਖ ਨਿਮਖ ਕੁਰਬਾਨ ਜਾਂਦਾ ਹਾਂ ॥੧॥

8820	203	ਹਸਤ ਅਲੰਬਨੁ ਦੇਹੁ ਪ੍ਰਭ ਗਰਤਹੁ ਉਧਰੁ ਗੋਪਾਲ॥	(ਹਸਤ) ਹੱਥ ਦਾ (ਅਲੰਬਨੁ) ਆਸਰਾ। (ਗਰਤਹੁ) ਟੋਏ ਚੋਂ (ਉ-ਧਰੁ) ਕੱਢ ਲਉ	Hasath Alanban Dhaehu Prabh Garathahu Oudhhar Gopaal ||	Please, God, give me the Support of Your Hand; lift me up and pull me out of this pit, O Lord of the World.	ਹੇ ਪ੍ਰਭੂ! ਮੈਨੂੰ ਆਪਣੇ ਹੱਥ ਦਾ ਸਹਾਰਾ ਦੇਹ। ਹੇ ਗੋਪਾਲ! ਮੈਨੂੰ (ਵਿਕਾਰਾਂ ਦੇ) ਟੋਏ ਵਿਚੋਂ ਕੱਢ ਲੈ।
8821	203	ਮੋਹਿ ਨਿਰਗੁਨ ਮਤਿ ਥੋਰੀਆ ਤੂੰ ਸਦ ਹੀ ਦੀਨ ਦਇਆਲ॥੨॥	(ਥੋਰੀਆ) ਥੋੜੀ	Mohi Niragun Math Thhoreeaa Thoon Sadh Hee Dheen Dhaeiaal ||2||	I am worthless, with such a shallow intellect; You are always Merciful to the meek. ||2||	ਮੈਂ ਗੁਣ-ਹੀਣ ਹਾਂ, ਮੇਰੀ ਮਤਿ ਹੋਛੀ ਹੈ। ਤੂੰ ਸਦਾ ਹੀ ਗਰੀਬਾਂ ਉਤੇ ਦਇਆ ਕਰਨ ਵਾਲਾ ਹੈਂ ॥੨॥
8822	203	ਕਿਆ ਸੁਖ ਤੇਰੇ ਸੰਮਲਾ ਕਵਨ ਬਿਧੀ ਬੀਚਾਰ॥	(ਸੰਮਲਾ) ਸਿਮਰਾਂ। ਬਿਧੀ: ਪੋਲਾ ਬੋਲੋ	Kiaa Sukh Thaerae Sanmalaa Kavan Bidhhee Beechaar ||	What comforts of Yours can I dwell upon? How can I contemplate You?	ਮੈਂ ਕਿਹੜੇ ਕਿਹੜੇ ਤਰੀਕਿਆਂ ਨਾਲ (ਤੇਰੇ ਬਖ਼ਸ਼ੇ ਸੁਖਾਂ ਦੀ) ਵਿਚਾਰ ਕਰਾਂ?
8823	203	ਸਰਣਿ ਸਮਾਈ ਦਾਸ ਹਿਤ ਊਚੇ ਅਗਮ ਅਪਾਰ॥੩॥	(ਹਿਤ) ਪ੍ਰੇਮ	Saran Samaaee Dhaas Hith Oochae Agam Apaar ||3||	You lovingly absorb Your slaves into Your Sanctuary, O Lofty, Inaccessible and Infinite Lord. ||3||	ਹੇ ਉੱਚੇ! ਹੇ ਅਪਹੁੰਚ! ਹੇ ਬੇਅੰਤ ਪ੍ਰਭੂ! ਹੇ ਸਰਨ ਆਏ ਦੀ ਸਹਾਇਤਾ ਕਰਨ ਵਾਲੇ ਪ੍ਰਭੂ! ਹੇ ਆਪਣੇ ਸੇਵਕਾਂ ਦੇ ਹਿਤੂ ਪ੍ਰਭੂ! ਮੈਂ ਤੇਰੇ (ਦਿਤੇ ਹੋਏ) ਕੇਹੜੇ ਕੇਹੜੇ ਸੁਖ ਚੇਤੇ ਕਰਾਂ? (ਮੈਂ ਤੇਰੇ ਦਿੱਤੇ ਬੇਅੰਤ ਸੁਖ ਗਿਣ ਨਹੀਂ ਸਕਦਾ) ॥੩॥

8824	203	ਸਗਲ ਪਦਾਰਥ ਅਸਟ ਸਿਧਿ ਨਾਮ ਮਹਾ ਰਸ ਮਾਹਿ॥	(ਅਸਟ) ਅੱਠ	Sagal Padhaarathh Asatt Sidhh Naam Mehaa Ras Maahi ||	All wealth, and the eight miraculous spiritual powers are in the supremely sublime essence of the Naam, the Name of the Lord.	ਹੇ ਭਾਈ! ਦੁਨੀਆ ਦੇ ਸਾਰੇ ਪਦਾਰਥ (ਜੋਗੀਆਂ ਦੀਆਂ) ਅੱਠੇ ਸਿੱਧੀਆਂ ਸਭ ਤੋਂ ਸ੍ਰੇਸ਼ਟ ਰਸ ਨਾਮ-ਰਸ ਵਿਚ ਮੌਜੂਦ ਹਨ।
8825	203	ਸੁਪ੍ਰਸੰਨ ਭਏ ਕੇਸਵਾ ਸੇ ਜਨ ਹਰਿ ਗੁਣ ਗਾਹਿ॥੪॥	(ਕੇਸਵਾ) ਪ੍ਰਭ ਜੀ। ਸੁਪ੍ਰਸੰਨ	Suprasann Bheae Kaesavaa Sae Jan Har Gun Gaahi ||4||	Those humble beings, with whom the beautifully-haired Lord is thoroughly pleased, sing the Glorious Praises of the Lord. ||4||	(ਹੇ ਭਾਈ!) ਜਿਨ੍ਹਾਂ ਉਤੇ ਸੋਹਣੇ ਲੰਮੇ ਕੇਸਾਂ ਵਾਲਾ ਪ੍ਰਭੂ ਪ੍ਰਸੰਨ ਹੁੰਦਾ ਹੈ, ਉਹ ਬੰਦੇ ਪ੍ਰਭੂ ਦੇ ਗੁਣ ਗਾਂਦੇ ਰਹਿੰਦੇ ਹਨ ॥੪॥
8826	203	ਮਾਤ ਪਿਤਾ ਸੁਤ ਬੰਧਪੋ ਤੂੰ ਮੇਰੇ ਪ੍ਰਾਣ ਅਧਾਰ॥		Maath Pithaa Suth Bandhhapo Thoon Maerae Praan Adhhaar ||	You are my mother, father, son and relative; You are the Support of the breath of life.	(ਹੇ ਦਯਾ! ਹੇ ਗੋਸਾਈਂ!) ਹੇ ਮੇਰੇ ਪ੍ਰਾਣਾਂ ਦੇ ਆਸਰੇ ਪ੍ਰਭੂ! ਮਾਂ, ਪਿਉ, ਪੁੱਤਰ, ਰਿਸ਼ਤੇਦਾਰ (ਸਭ ਕੁਝ ਮੇਰਾ) ਤੂੰ ਹੀ ਤੂੰ ਹੈਂ।
8827	203	ਸਾਧਸੰਗਿ ਨਾਨਕੁ ਭਜੈ ਬਿਖੁ ਤਰਿਆ ਸੰਸਾਰੁ॥੫॥੧॥੧੧੬॥	(ਬਿਖੁ) ਜ਼ਹਰ। ਭਜੈ: ਪੋਲਾ ਬੋਲੋ	Saadhhasang Naanak Bhajai Bikh Thariaa Sansaar ||5||1||116||	In the Saadh Sangat, the Company of the Holy, Nanak meditates on the Lord, and swims across the poisonous world-ocean. ||5||1||116||	(ਤੇਰਾ ਦਾਸ) ਨਾਨਕ (ਤੇਰੀ) ਸਾਧ ਸੰਗਤਿ ਵਿਚ (ਤੇਰੀ ਮਿਹਰ ਨਾਲ) ਤੇਰਾ ਭਜਨ ਕਰਦਾ ਹੈ। (ਜੇਹੜਾ ਮਨੁੱਖ ਤੇਰਾ ਭਜਨ ਕਰਦਾ ਹੈ ਉਹ ਵਿਕਾਰਾਂ ਦੇ) ਜ਼ਹਰ-ਭਰੇ ਸੰਸਾਰ ਤੋਂ (ਸਹੀ-ਸਲਾਮਤਿ ਆਤਮਕ ਜੀਵਨ ਲੈ ਕੇ) ਪਾਰ ਲੰਘ ਜਾਂਦਾ ਹੈ ॥੫॥੧॥੧੧੬॥

8828	203	ਗਉੜੀ ਬੈਰਾਗਣਿ ਰਹੋਏ ਕੇ ਛੰਤ ਕੇ ਘਰਿ ਮਃ੫		Gourree Bairaagan Rehoeae Kae Shhanth Kae Ghar Ma 5	Gauree Bairaagan, Chhants Of Rehoay, Fifth Mehl:	ਰਾਗ ਗਉੜੀ-ਬੈਰਾਗਣਿ ਵਿੱਚ ਗੁਰੂ ਅਰਜਨਦੇਵ ਜੀ ਦੀ 'ਰਹੋਏ ਦੇ ਘਰ' ਵਾਲੀ ਬਾਣੀ 'ਛੰਤ'।
8829	203	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
8830	203	ਹੈ ਕੋਈ ਰਾਮ ਪਿਆਰੋ ਗਾਵੈ॥		Hai Koee Raam Piaaro Gaavai ||	Is there anyone who will sing of the Beloved Lord?	(ਹੇ ਭਾਈ!) ਕੋਈ ਵਿਰਲਾ ਭਾਗਾਂ ਵਾਲਾ ਮਨੁੱਖ ਪਿਆਰੇ ਦੇ ਗੁਣ ਗਾਂਦਾ ਹੈ,
8831	203	ਸਰਬ ਕਲਿਆਣ ਸੂਖ ਸਚੁ ਪਾਵੈ॥ਰਹਾਉ॥		Sarab Kaliaan Sookh Sach Paavai || Rehaao ||	Surely, this will bring all pleasures and comforts. ||Pause||	ਉਹ ਸਾਰੇ ਸੁਖ ਪ੍ਰਾਪਤ ਕਰ ਲੈਂਦਾ ਹੈ ਸਾਰੇ ਆਨੰਦ ਮਾਣਦਾ ਹੈ, ਸਦਾ-ਥਿਰ ਪਰਮਾਤਮਾ ਨੂੰ ਮਿਲ ਪੈਂਦਾ ਹੈ।ਰਹਾਉ।
8832	203	ਬਨੁ ਬਨੁ ਖੋਜਤ ਫਿਰਤ ਬੈਰਾਗੀ॥		Ban Ban Khojath Firath Bairaagee ||	The renunciate goes out into the woods, searching for Him.	(ਹੇ ਭਾਈ! ਪਰਮਾਤਮਾ ਨੂੰ ਮਿਲਣ ਵਾਸਤੇ ਜੇ) ਕੋਈ ਮਨੁੱਖ ਗ੍ਰਿਹਸਤ ਤੋਂ ਉਪਰਾਮ ਹੋ ਕੇ ਹਰੇਕ ਜੰਗਲ ਢੂੰਡਦਾ ਫਿਰਦਾ ਹੈ (ਤਾਂ ਇਸ ਤਰ੍ਹਾਂ ਪਰਮਾਤਮਾ ਨਹੀਂ ਮਿਲਦਾ)।
8833	203	ਬਿਰਲੇ ਕਾਹੂ ਏਕ ਲਿਵ ਲਾਗੀ॥		Biralae Kaahoo Eaek Liv Laagee ||	But those who embrace love for the One Lord are very rare.	ਕਿਸੇ ਵਿਰਲੇ ਮਨੁੱਖ ਦੀ ਇਕ ਪਰਮਾਤਮਾ ਨਾਲ ਲਗਨ ਲੱਗਦੀ ਹੈ।

8834	203	ਜਿਨਿ ਹਰਿ ਪਾਇਆ ਸੇ ਵਡਭਾਗੀ॥੧॥		Jin Har Paaeiaa Sae Vaddabhaagee ||1||	Those who find the Lord are very fortunate and blessed. ||1||	ਜਿਸ ਜਿਸ ਮਨੁੱਖ ਨੇ ਪ੍ਰਭੂ ਨੂੰ ਲੱਭ ਲਿਆ ਹੈ, ਉਹ ਸਾਰੇ ਵੱਡੇ ਭਾਗਾਂ ਵਾਲੇ ਹਨ ॥੧॥
8835	203	ਬ੍ਰਹਮਾਦਿਕ ਸਨਕਾਦਿਕ ਚਾਹੈ॥		Brehamaadhik Sanakaadhik Chaahai ||	The Gods like Brahma and Sanak yearn for Him;	(ਹੇ ਭਾਈ!) ਬ੍ਰਹਮਾ ਅਤੇ ਹੋਰ ਵੱਡੇ ਦੇਵਤੇ, ਸਨਕ ਅਤੇ ਉਸ ਦੇ ਭਰਾ ਸਨੰਦਨ ਸਨਾਤਨ ਸਨਤ ਕੁਮਾਰ-ਇਹਨਾਂ ਵਿਚੋਂ ਹਰੇਕ ਪ੍ਰਭੂ-ਮਿਲਾਪ ਚਾਹੁੰਦਾ ਹੈ।
8836	203	ਜੋਗੀ ਜਤੀ ਸਿਧ ਹਰਿ ਆਹੈ॥	(ਆਹੈ) ਚਾਹੁੰਦੇ ਹਨ। ਸਿੱਧ	Jogee Jathee Sidhh Har Aahai ||	The Yogis, celibates and Siddhas yearn for the Lord.	ਜੋਗੀ ਜਤੀ ਸਿੱਧ-ਹਰੇਕ ਪਰਮਾਤਮਾ ਨੂੰ ਮਿਲਣ ਦੀ ਤਾਂਘ ਕਰਦਾ ਹੈ,
8837	203	ਜਿਸਹਿ ਪਰਾਪਤਿ ਸੋ ਹਰਿ ਗੁਣ ਗਾਹੈ॥੨॥	(ਗਾਹੈ) ਗਾਉਂਦਾ	Jisehi Paraapath So Har Gun Gaahai ||2||	One who is so blessed, sings the Glorious Praises of the Lord. ||2||	(ਪਰ ਜਿਸ ਨੂੰ ਧੁਰੋਂ) ਇਹ ਦਾਤ ਮਿਲੀ ਹੈ, ਉਹੀ ਪ੍ਰਭੂ ਦੇ ਗੁਣ ਗਾਂਦਾ ਹੈ ॥੨॥
8838	203	ਤਾ ਕੀ ਸਰਣਿ ਜਿਨ ਬਿਸਰਤ ਨਾਹੀ॥		Thaa Kee Saran Jin Bisarath Naahee ||	I seek the Sanctuary of those who have not forgotten Him.	(ਹੇ ਭਾਈ!) ਉਹਨਾਂ ਦੀ ਸਰਨ ਪਈਏ, ਜਿਨ੍ਹਾਂ ਨੂੰ ਪਰਮਾਤਮਾ ਕਦੇ ਭੁੱਲਦਾ ਨਹੀਂ।
8839	203	ਵਡਭਾਗੀ ਹਰਿ ਸੰਤ ਮਿਲਾਹੀ॥		Vaddabhaagee Har Santh Milaahee ||	By great good fortune, one meets the Lord's Saint.	ਪਰਮਾਤਮਾ ਦੇ ਸੰਤਾਂ ਨੂੰ ਕੋਈ ਵੱਡੇ ਭਾਗਾਂ ਵਾਲੇ ਹੀ ਮਿਲ ਸਕਦੇ ਹਨ।
8840	203	ਜਨਮ ਮਰਣ ਤਿਹ ਮੂਲੇ ਨਾਹੀ॥੩॥		Janam Maran Thih Moolae Naahee ||3||	They are not subject to the cycle of birth and death. ||3||	ਉਹਨਾਂ ਸੰਤ ਜਨਾਂ ਨੂੰ ਜਨਮ ਮਰਨ ਦੇ ਗੇੜ ਕਦੇ ਭੀ ਨਹੀਂ ਵਿਆਪਦੇ ॥੩॥

8841	203	ਕਰਿ ਕਿਰਪਾ ਮਿਲੁ ਪ੍ਰੀਤਮ ਪਿਆਰੇ॥		Kar Kirapaa Mil Preetham Piaarae ||	Show Your Mercy, and lead me to meet You, O my Darling Beloved.	ਹੇ ਪਿਆਰੇ ਪ੍ਰੀਤਮ ਪ੍ਰਭੂ! (ਮੇਰੇ ਉਤੇ) ਕਿਰਪਾ ਕਰ ਤੇ (ਮੈਨੂੰ) ਮਿਲ।
8842	203	ਬਿਨਉ ਸੁਨਹੁ ਪ੍ਰਭ ਊਚ ਅਪਾਰੇ॥		Bino Sunahu Prabh Ooch Apaarae ||	Hear my prayer, O Lofty and Infinite God;	ਹੇ ਸਭ ਤੋਂ ਉੱਚੇ ਤੇ ਬੇਅੰਤ ਪ੍ਰਭੂ! (ਮੇਰੀ ਇਹ) ਬੇਨਤੀ ਸੁਣ।
8843	203	ਨਾਨਕੁ ਮਾਂਗਤੁ ਨਾਮੁ ਅਧਾਰੇ॥੪॥੧॥੧੧੭॥		Naanak Maangath Naam Adhhaarae ||4||1||117||	Nanak begs for the Support of Your Name. ||4||1||117||	(ਤੇਰਾ ਦਾਸ) ਨਾਨਕ (ਤੈਥੋਂ ਤੇਰਾ) ਨਾਮ (ਹੀ ਜ਼ਿੰਦਗੀ ਦਾ) ਆਸਰਾ ਮੰਗਦਾ ਹੈ ॥੪॥੧॥੧੧੭॥
8844	204	ਰਾਗੁ ਗਉੜੀ ਪੂਰਬੀ ਮਹਲਾ ੫		Raag Gourree Poorabee Mehalaa 5	Raag Gauree Poorbee, Fifth Mehl:	ਰਾਗ ਗਉੜੀ-ਪੂਰਬੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
8845	204	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
8846	204	ਕਵਨ ਗੁਨ ਪ੍ਰਾਨਪਤਿ ਮਿਲਉ ਮੇਰੀ ਮਾਈ॥੧॥ਰਹਾਉ॥	(ਪ੍ਰਾਨ-ਪਤਿ) ਪ੍ਰਾਣਾਂ ਦੇ ਪਤੀ ਹਰਿ ਜੀ	Kavan Gun Praanapath Milo Maeree Maaee ||1|| Rehaao ||	By what virtues can I meet the Lord of life, O my mother? ||1||Pause||	ਹੇ ਮੇਰੀ ਮਾਂ! ਮੈਂ ਕੇਹੜੇ ਗੁਣਾਂ ਦੀ ਬਰਕਤਿ ਨਾਲ ਆਪਣੀ ਜਿੰਦ ਦੇ ਮਾਲਕ ਪ੍ਰਭੂ ਨੂੰ ਮਿਲ ਸਕਾਂ? (ਮੇਰੇ ਵਿਚ ਤਾਂ ਕੋਈ ਗੁਣ ਨਹੀਂ ਹੈ) ॥੧॥ ਰਹਾਉ ॥

8847	204	ਰੂਪ ਹੀਨ ਬੁਧਿ ਬਲ ਹੀਨੀ ਮੋਹਿ ਪਰਦੇਸਨਿ ਦੂਰ ਤੇ ਆਈ॥੧॥		Roop Heen Budhh Bal Heenee Mohi Paradhaesan Dhoor Thae Aaee ||1||	I have no beauty, understanding or strength; I am a stranger, from far away. ||1||	(ਹੇ ਮੇਰੀ ਮਾਂ!) ਮੈਂ ਆਤਮਕ ਰੂਪ ਤੋਂ ਸੱਖਣੀ ਹਾਂ, ਅਕਲ-ਹੀਣ ਹਾਂ, (ਮੇਰੇ ਅੰਦਰ ਆਤਮਕ) ਤਾਕਤ ਭੀ ਨਹੀਂ ਹੈ (ਫਿਰ) ਮੈਂ ਪਰਦੇਸਣ ਹਾਂ (ਪ੍ਰਭੂ-ਚਰਨਾਂ ਨੂੰ ਕਦੇ ਮੈਂ ਆਪਣਾ ਘਰ ਨਹੀਂ ਬਣਾਇਆ) ਅਨੇਕਾਂ ਜੂਨਾਂ ਦੇ ਸਫ਼ਰ ਤੋਂ ਲੰਘ ਕੇ (ਇਸ ਮਨੁੱਖਾ ਜਨਮ ਵਿਚ) ਆਈ ਹਾਂ ॥੧॥
8848	204	ਨਾਹਿਨ ਦਰਬੁ ਨ ਜੋਬਨ ਮਾਤੀ ਮੋਹਿ ਅਨਾਥ ਕੀ ਕਰਹੁ ਸਮਾਈ॥੨॥	(ਦਰਬੁ) ਧਨ। (ਸਮਾਈ) ਲੀਨਤਾ। ਮੱਾਤੀ	Naahin Dharab N Joban Maathee Mohi Anaathh Kee Karahu Samaaee ||2||	I am not wealthy or youthful. I am an orphan - please, unite me with Yourself. ||2||	(ਹੇ ਮੇਰੇ ਪ੍ਰਾਨਪਤਿ!) ਮੇਰੇ ਪਾਸ ਤੇਰਾ ਨਾਮ-ਧਨ ਨਹੀਂ ਹੈ, ਮੇਰੇ ਅੰਦਰ ਆਤਮਕ ਗੁਣਾਂ ਦਾ ਜੋਬਨ ਭੀ ਨਹੀਂ ਜਿਸ ਦਾ ਮੈਨੂੰ ਹੁਲਾਰਾ ਆ ਸਕੇ। ਮੈਨੂੰ ਅਨਾਥ ਨੂੰ ਆਪਣੇ ਚਰਨਾਂ ਵਿਚ ਜੋੜ ਲੈ ॥੨॥
8849	204	ਖੋਜਤ ਖੋਜਤ ਭਈ ਬੈਰਾਗਨਿ ਪ੍ਰਭ ਦਰਸਨ ਕਉ ਹਉ ਫਿਰਤ ਤਿਸਾਈ॥੩॥	(ਤਿਸਾਈ) ਤਿਹਾਈ	Khojath Khojath Bhee Bairaagan Prabh Dharasan Ko Ho Firath Thisaaee ||3||	Searching and searching, I have become a renunciate, free of desire. I wander around, searching for the Blessed Vision of God's Darshan. ||3||	(ਹੇ ਮੇਰੀ ਮਾਂ!) ਆਪਣੇ ਪ੍ਰਾਨਪਤੀ-ਪ੍ਰਭੂ ਦੇ ਦਰਸਨ ਵਾਸਤੇ ਮੈਂ ਤਿਹਾਈ ਫਿਰ ਰਹੀ ਹਾਂ, ਉਸ ਨੂੰ ਲੱਭਦੀ ਲੱਭਦੀ ਮੈਂ ਕਮਲੀ ਹੋਈ ਪਈ ਹਾਂ ॥੩॥

8850	204	ਦੀਨ ਦਇਆਲ ਕ੍ਰਿਪਾਲ ਪ੍ਰਭ ਨਾਨਕ ਸਾਧਸੰਗਿ ਮੇਰੀ ਜਲਨਿ ਬੁਝਾਈ॥੪॥੧॥੧੧੮॥	ਬੁਝਾਈ: ਪੋਲਾ ਬੋਲੋ	Dheen Dhaeiaal Kirapaal Prabh Naanak Saadhhasang Maeree Jalan Bujhaaee ||4||1||118||	God is Compassionate, and Merciful to the meek; O Nanak, in the Saadh Sangat, the Company of the Holy, the fire of desire has been quenched. ||4||1||118||	ਹੇ ਨਾਨਕ! (ਆਖ-) ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਹੇ ਕਿਰਪਾ ਦੇ ਘਰ! ਹੇ ਪ੍ਰਭੂ! (ਤੇਰੀ ਮਿਹਰ ਨਾਲ) ਸਾਧ ਸੰਗਤਿ ਨੇ ਮੇਰੀ ਇਹ ਵਿਛੋੜੇ ਦੀ ਸੜਨ ਬੁਝਾ ਦਿੱਤੀ ਹੈ ॥੪॥੧॥੧੧੮॥
8851	204	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8852	204	ਪ੍ਰਭ ਮਿਲਬੇ ਕਉ ਪ੍ਰੀਤਿ ਮਨਿ ਲਾਗੀ॥		Prabh Milabae Ko Preeth Man Laagee ||	The loving desire to meet my Beloved has arisen within my mind.	(ਹੇ ਭੈਣ!) ਪਰਮਾਤਮਾ ਨੂੰ ਮਿਲਣ ਵਾਸਤੇ ਮੇਰੇ ਮਨ ਵਿਚ ਪ੍ਰੀਤਿ ਪੈਦਾ ਹੋ ਗਈ ਹੈ।
8853	204	ਪਾਇ ਲਗਉ ਮੋਹਿ ਕਰਉ ਬੇਨਤੀ ਕੋਊ ਸੰਤੁ ਮਿਲੈ ਬਡਭਾਗੀ॥੧॥ਰਹਾਉ॥		Paae Lago Mohi Karo Baenathee Kooo Santh Milai Baddabhaagee ||1|| Rehaao ||	I touch His Feet, and offer my prayer to Him. If only I had the great good fortune to meet the Saint. ||1||Pause||	(ਪਰਮਾਤਮਾ ਨਾਲ ਮਿਲਾ ਸਕਣ ਵਾਲਾ ਜੇ) ਵੱਡੇ ਭਾਗਾਂ ਵਾਲਾ (ਗੁਰੂ-) ਸੰਤ ਮੈਨੂੰ ਮਿਲ ਪਏ, ਤਾਂ ਮੈਂ ਉਸ ਦੇ ਪੈਰੀਂ ਲੱਗਾਂ, ਮੈਂ ਉਸ ਅਗੇ ਬੇਨਤੀ ਕਰਾਂ (ਕਿ ਮੈਨੂੰ ਪਰਮਾਤਮਾ ਨਾਲ ਮਿਲਾ ਦੇ) ॥੧॥ ਰਹਾਉ ॥

8854	204	ਮਨੁ ਅਰਪਉ ਧਨੁ ਰਾਖਉ ਆਗੈ ਮਨ ਕੀ ਮਤਿ ਮੋਹਿ ਸਗਲ ਤਿਆਗੀ॥		Man Arapo Dhhan Raakho Aagai Man Kee Math Mohi Sagal Thiaagee ||	I surrender my mind to Him; I place my wealth before Him. I totally renounce my selfish ways.	ਮੈਂ ਆਪਣਾ ਮਨ ਉਸ ਦੇ ਹਵਾਲੇ ਕਰ ਦਿਆਂ, ਮੈਂ ਆਪਣਾ ਧਨ ਉਸ ਦੇ ਅੱਗੇ ਰੱਖ ਦਿਆਂ। (ਹੇ ਭੈਣ!) ਮੈਂ ਆਪਣੇ ਮਨ ਦੀ ਸਾਰੀ ਚਤੁਰਾਈ ਛੱਡ ਦਿੱਤੀ ਹੈ।
8855	204	ਜੋ ਪ੍ਰਭ ਕੀ ਹਰਿ ਕਥਾ ਸੁਨਾਵੈ ਅਨ ਦਿਨੁ ਫਿਰਉ ਤਿਸੁ ਪਿਛੈ ਵਿਰਾਗੀ॥੧॥	(ਵਿਰਾਗੀ) ਪ੍ਰੇਮ ਚ	Jo Prabh Kee Har Kathhaa Sunaavai Anadhin Firo This Pishhai Viraagee ||1||	One who teaches me the Sermon of the Lord God - night and day, I shall follow Him. ||1||	(ਹੇ ਭੈਣ!) ਜੇਹੜਾ (ਵਡਭਾਗੀ ਸੰਤ ਮੈਨੂੰ) ਪਰਮਾਤਮਾ ਦੀਆਂ ਸਿਫ਼ਤ-ਸਾਲਾਹ ਦੀਆਂ ਗੱਲਾਂ ਸੁਣਾਂਦਾ ਰਹੇ, ਮੈਂ ਹਰ ਵੇਲੇ ਉਸ ਦੇ ਪਿੱਛੇ ਪਿੱਛੇ ਪ੍ਰੇਮ ਵਿਚ ਕਮਲੀ ਹੋਈ ਫਿਰਦੀ ਰਹਾਂ ॥੧॥
8856	204	ਪੂਰਬ ਕਰਮ ਅੰਕੁਰ ਜਬ ਪ੍ਰਗਟੇ ਭੇਟਿਓ ਪੁਰਖੁ ਰਸਿਕ ਬੈਰਾਗੀ॥	(ਰਸਿਕ) ਬ੍ਰਹਮਾਨੰਦ ਅੰਮ੍ਰਿਤ ਰਸ ਦੇ ਦਾਤੇ। ਹੋਰ ਵਿਸ਼ੇ ਰਸਾਂ ਤੋਂ (ਬੈਰਾਗੀ) ਨਿਰਲੇਪ	Poorab Karam Ankur Jab Pragattae Bhaettiou Purakh Rasik Bairaagee ||	When the seed of the karma of past actions sprouted, I met the Lord; He is both the Enjoyer and the Renunciate.	ਪਹਿਲੇ ਜਨਮਾਂ ਵਿਚ ਕੀਤੇ ਭਲੇ ਕਰਮਾਂ ਦੇ ਸੰਸਕਾਰਾਂ ਦੇ ਅੰਗੂਰ ਜਿਸ ਜੀਵ-ਇਸਤ੍ਰੀ ਦੇ ਉੱਘੜ ਪਏ, ਉਸ ਨੂੰ ਉਹ ਸਰਬ-ਵਿਆਪਕ ਪ੍ਰਭੂ ਮਿਲ ਪਿਆ ਹੈ ਜੋ ਸਾਰੇ ਜੀਵਾਂ ਵਿਚ ਬੈਠਾ ਸਭ ਰਸ ਮਾਣਨ ਵਾਲਾ ਹੈ ਤੇ ਜੋ ਰਸਾਂ ਤੋਂ ਨਿਰਲੇਪ ਭੀ ਹੈ।

8857	204	ਮਿਟਿਓ ਅੰਧੇਰੁ ਮਿਲਤ ਹਰਿ ਨਾਨਕ ਜਨਮ ਜਨਮ ਕੀ ਸੋਈ ਜਾਗੀ॥੨॥੨॥੧੧੯॥		Mittiou Andhhaer Milath Har Naanak Janam Janam Kee Soee Jaagee ||2||2||119||	My darkness was dispelled when I met the Lord. O Nanak, after being asleep for countless incarnations, I have awakened. ||2||2||119||	ਹੇ ਨਾਨਕ! (ਆਖ-) ਪਰਮਾਤਮਾ ਨੂੰ ਮਿਲਦਿਆਂ ਹੀ ਉਸ ਜੀਵ-ਇਸਤ੍ਰੀ ਦੇ ਅੰਦਰੋਂ ਮਾਇਆ ਦੇ ਮੋਹ ਦਾ ਹਨੇਰਾ ਦੂਰ ਹੋ ਜਾਂਦਾ ਹੈ, ਉਹ ਅਨੇਕਾਂ ਜਨਮਾਂ ਤੋਂ ਮਾਇਆ ਦੇ ਮੋਹ ਵਿਚ ਸੁੱਤੀ ਹੋਈ ਜਾਗ ਪੈਂਦੀ ਹੈ ॥੨॥੨॥੧੧੯॥
8858	204	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8859	204	ਨਿਕਸੁ ਰੇ ਪੰਖੀ ਸਿਮਰਿ ਹਰਿ ਪਾਂਖ॥	(ਨਿਕਸੁ) ਨਿੱਕਲ। (ਪਾਂਖ) ਪੰਖ	Nikas Rae Pankhee Simar Har Paankh ||	Come out, O soul-bird, and let the meditative remembrance of the Lord be your wings.	ਹੇ ਜੀਵ-ਪੰਛੀ! (ਮਾਇਆ ਦੇ ਮੋਹ ਦੇ ਆਲ੍ਹਣੇ ਵਿਚੋਂ ਬਾਹਰ) ਨਿਕਲ। ਪਰਮਾਤਮਾ ਦਾ ਸਿਮਰਨ ਕਰ। (ਪ੍ਰਭੂ ਦਾ ਸਿਮਰਨ) ਖੰਭ ਹਨ (ਇਹਨਾਂ ਖੰਭਾਂ ਦੀ ਸਹਾਇਤਾ ਨਾਲ ਹੀ ਤੂੰ ਮੋਹ ਦੇ ਆਲ੍ਹਣੇ ਵਿਚੋਂ ਬਾਹਰ ਉੱਡ ਕੇ ਜਾ ਸਕੇਂਗਾ)।
8860	204	ਮਿਲਿ ਸਾਧੂ ਸਰਣਿ ਗਹੁ ਪੂਰਨ ਰਾਮ ਰਤਨੁ ਹੀਅਰੇ ਸੰਗਿ ਰਾਖੁ॥੧॥ਰਹਾਉ॥		Mil Saadhhoo Saran Gahu Pooran Raam Rathan Heearae Sang Raakh ||1|| Rehaao ||	Meet the Holy Saint, take to His Sanctuary, and keep the perfect jewel of the Lord enshrined in your heart. ||1||Pause||	(ਹੇ ਭਾਈ!) ਗੁਰੂ ਨੂੰ ਮਿਲ ਕੇ ਪੂਰਨ-ਪ੍ਰਭੂ ਦਾ ਆਸਰਾ ਲੈ, ਪਰਮਾਤਮਾ ਦਾ ਨਾਮ-ਰਤਨ ਆਪਣੇ ਹਿਰਦੇ ਨਾਲ (ਸਾਂਭ ਕੇ) ਰੱਖ ॥੧॥ ਰਹਾਉ ॥

8861	204	ਭ੍ਰਮ ਕੀ ਕੂਈ ਤ੍ਰਿਸਨਾ ਰਸ ਪੰਕਜ ਅਤਿ ਤੀਖ੍ਹਣ ਮੋਹ ਕੀ ਫਾਸ॥	(ਕੂਈ) ਖੂਹੀ। (ਪੰਕਜ) ਚਿੱਕੜ। (ਫਾਸ) ਫਾਹੀ। ਤੀਖਿਅਣ	Bhram Kee Kooee Thrisanaa Ras Pankaj Ath Theekhyan Moh Kee Faas ||	Superstition is the well, thirst for pleasure is the mud, and emotional attachment is the noose, so tight around your neck.	(ਹੇ ਭਾਈ! ਮਾਇਆ ਦੀ ਖ਼ਾਤਰ) ਭਟਕਣ ਦੀ ਖੂਹੀ ਹੈ, ਮਾਇਆ ਦੀ ਤ੍ਰਿਸ਼ਨਾ ਤੇ ਵਿਕਾਰਾਂ ਦੇ ਚਸਕੇ (ਉਸ ਖੂਹੀ ਵਿਚ) ਚਿੱਕੜ ਹੈ, (ਜੀਵਾਂ ਦੇ ਗਲ ਵਿਚ ਪਈ ਹੋਈ) ਮੋਹ ਦੀ ਫਾਹੀ ਬੜੀ ਪੱਕੀ (ਤ੍ਰਿੱਖੀ) ਹੈ।
8862	204	ਕਾਟਨਹਾਰ ਜਗਤ ਗੁਰ ਗੋਬਿਦ ਚਰਨਕਮਲ ਤਾ ਕੇ ਕਰਹੁ ਨਿਵਾਸ॥੧॥	ਜੱਗ-ਤੁ	Kaattanehaar Jagath Gur Gobidh Charan Kamal Thaa Kae Karahu Nivaas ||1||	The only one who can cut this is the Guru of the World, the Lord of the Universe. So let yourself dwell at His Lotus Feet. ||1||	ਇਸ ਫਾਹੀ ਨੂੰ ਕੱਟਣ-ਜੋਗਾ ਜਗਤ ਦਾ ਗੁਰੂ ਗੋਬਿੰਦ ਹੀ ਹੈ। (ਹੇ ਭਾਈ!) ਉਸ ਗੋਬਿੰਦ ਦੇ ਚਰਨ-ਕਮਲਾਂ ਵਿਚ ਨਿਵਾਸ ਕਰੀ ਰੱਖ ॥੧॥
8863	204	ਕਰਿ ਕਿਰਪਾ ਗੋਬਿੰਦ ਪ੍ਰਭ ਪ੍ਰੀਤਮ ਦੀਨਾ ਨਾਥ ਸੁਨਹੁ ਅਰਦਾਸਿ॥		Kar Kirapaa Gobindh Prabh Preetham Dheenaa Naathh Sunahu Aradhaas ||	Bestow Your Mercy, O Lord of the Universe, O God, My Beloved, Master of the meek - please, listen to my prayer.	ਹੇ ਗੋਬਿੰਦ! ਹੇ ਪ੍ਰੀਤਮ ਪ੍ਰਭੂ! ਹੇ ਗਰੀਬਾਂ ਦੇ ਮਾਲਕ! ਹੇ ਨਾਨਕ ਦੇ ਸੁਆਮੀ! ਮਿਹਰ ਕਰ, ਮੇਰੀ ਬੇਨਤੀ ਸੁਣ,

8864	204	ਕਰੁ ਗਹਿ ਲੇਹੁ ਨਾਨਕ ਕੇ ਸੁਆਮੀ ਜੀਉ ਪਿੰਡੁ ਸਭੁ ਤੁਮਰੀ ਰਾਸਿ॥੨॥੩॥੧੨੦॥		Kar Gehi Laehu Naanak Kae Suaamee Jeeo Pindd Sabh Thumaree Raas ||2||3||120||	Take my hand, O Lord and Master of Nanak; my body and soul all belong to You. ||2||3||120||	ਹੇ ਨਾਨਕ ਦੇ ਮਾਲਕ ਪ੍ਰਭੂ! ਮੇਰਾ ਹੱਥ ਫੜ ਲੈ (ਤੇ ਮੈਨੂੰ ਇਸ ਖੂਹੀ ਵਿਚੋਂ ਕੱਢ ਲੈ) ਮੇਰੀ ਇਹ ਜਿੰਦ ਤੇਰਾ ਦਿੱਤਾ ਹੋਇਆ ਸਰਮਾਇਆ ਹੈ, ਮੇਰਾ ਇਹ ਸਰੀਰ ਤੇਰੀ ਬਖ਼ਸ਼ੀ ਹੋਈ ਪੂੰਜੀ ਹੈ (ਇਸ ਰਾਸਿ-ਪੂੰਜੀ ਨੂੰ ਮੋਹ ਦੇ ਹੱਥੀਂ ਉਜੜਨ ਤੋਂ ਤੂੰ ਆਪ ਹੀ ਬਚਾ ਲੈ) ॥੨॥੩॥੧੨੦॥
8865	204	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8866	204	ਹਰਿ ਪੇਖਨ ਕਉ ਸਿਮਰਤ ਮਨੁ ਮੇਰਾ॥	(ਪੇਖਨ) ਦੇਖਣ	Har Paekhan Ko Simarath Man Maeraa ||	My mind yearns to behold the Lord in meditation.	(ਹੇ ਭੈਣ!) ਪ੍ਰਭੂ-ਪਤੀ ਦਾ ਦਰਸਨ ਕਰਨ ਵਾਸਤੇ ਮੇਰਾ ਮਨ ਉਸ ਦਾ ਸਿਮਰਨ ਕਰ ਰਿਹਾ ਹੈ।
8867	204	ਆਸ ਪਿਆਸੀ ਚਿਤਵਉ ਦਿਨੁ ਰੈਨੀ ਹੈ ਕੋਈ ਸੰਤੁ ਮਿਲਾਵੈ ਨੇਰਾ॥੧॥ਰਹਾਉ॥	(ਨੇਰਾ) ਨੇੜੇ	Aas Piaasee Chithavo Dhin Rainee Hai Koee Santh Milaavai Naeraa ||1|| Rehaao ||	I think of Him, I hope and thirst for Him, day and night; is there any Saint who may bring Him near me? ||1||Pause||	ਉਸ ਦੇ ਦਰਸਨ ਦੀ ਆਸ ਨਾਲ ਵਿਆਕੁਲ ਹੋਈ ਮੈਂ ਦਿਨ ਰਾਤ ਉਸ ਦਾ ਨਾਮ ਚਿਤਾਰਦੀ ਰਹਿੰਦੀ ਹਾਂ। (ਹੇ ਭੈਣ! ਮੈਨੂੰ) ਕੋਈ ਐਸਾ ਸੰਤ (ਮਿਲ ਜਾਏ, ਜੇਹੜਾ ਮੈਨੂੰ ਉਸ ਪ੍ਰਭੂ-ਪਤੀ ਨਾਲ) ਨੇੜੇ ਹੀ ਮਿਲਾ ਦੇਵੇ ॥੧॥ ਰਹਾਉ ॥

8868	204	ਸੇਵਾ ਕਰਉ ਦਾਸ ਦਾਸਨ ਕੀ ਅਨਿਕ ਭਾਂਤਿ ਤਿਸੁ ਕਰਉ ਨਿਹੋਰਾ॥	(ਨਿਹੋਰਾ) ਬੇਨਤੀ	Saevaa Karo Dhaas Dhaasan Kee Anik Bhaanth This Karo Nihoraa ||	I serve the slaves of His slaves; in so many ways, I beg of Him.	(ਹੇ ਭੈਣ! ਜੇ ਉਹ ਗੁਰੂ-ਸੰਤ ਮਿਲ ਪਏ ਤਾਂ) ਮੈਂ ਉਸ ਦੇ ਦਾਸਾਂ ਦੀ ਸੇਵਾ ਕਰਾਂ, ਮੈਂ ਅਨੇਕਾਂ ਤਰੀਕਿਆਂ ਨਾਲ ਉਸ ਅੱਗੇ ਤਰਲੇ ਕਰਾਂ।
8869	204	ਤੁਲਾ ਧਾਰਿ ਤੋਲੇ ਸੁਖ ਸਗਲੇ ਬਿਨੁ ਹਰਿ ਦਰਸ ਸਭੋ ਹੀ ਥੋਰਾ॥੧॥	(ਤੁਲਾ) ਤੱਕੜੀ। (ਥੋਰਾ) ਤੁੱਛ ਮਾਤ੍ਰ	Thulaa Dhhaar Tholae Sukh Sagalae Bin Har Dharas Sabho Hee Thhoraa ||1||	Setting them upon the scale, I have weighed all comforts and pleasures; without the Lord's Blessed Vision, they are all totally inadequate. ||1||	(ਹੇ ਭੈਣ!) ਤੱਕੜੀ ਉਤੇ ਰੱਖ ਕੇ ਮੈਂ (ਦੁਨੀਆ ਦੇ) ਸਾਰੇ ਸੁਖ ਤੋਲੇ ਹਨ, ਪ੍ਰਭੂ-ਪਤੀ ਦੇ ਦਰਸਨ ਤੋਂ ਬਿਨਾ ਇਹ ਸਾਰੇ ਹੀ ਸੁਖ (ਦਰਸਨ ਦੇ ਸੁਖ ਨਾਲੋਂ) ਹੌਲੇ ਹਨ ॥੧॥
8870	204	ਸੰਤ ਪ੍ਰਸਾਦਿ ਗਾਏ ਗੁਨ ਸਾਗਰ ਜਨਮ ਜਨਮ ਕੋ ਜਾਤ ਬਹੋਰਾ॥	(ਬਹੋਰਾ) ਮੋੜ ਲਿਆ	Santh Prasaadh Gaaeae Gun Saagar Janam Janam Ko Jaath Behoraa ||	By the Grace of the Saints, I sing the Praises of the Ocean of virtue; after countless incarnations, I have been released.	ਜੇਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ ਗੁਣਾਂ ਦੇ ਸਮੁੰਦਰ ਪਰਮਾਤਮਾ ਦੇ ਗੁਣ ਗਾਂਦਾ ਹੈ (ਗੁਰੂ ਪਰਮੇਸਰ ਉਸ ਨੂੰ) ਅਨੇਕਾਂ ਜਨਮਾਂ ਦੇ ਭਟਕਦੇ ਨੂੰ (ਜਨਮ ਮਰਨ ਦੇ ਗੇੜ ਵਿਚੋਂ) ਮੋੜ ਲਿਆਉਂਦਾ ਹੈ।

8871	204	ਆਨਦ ਸੂਖ ਭੇਟਤ ਹਰਿ ਨਾਨਕ ਜਨਮੁ ਕ੍ਰਿਤਾਰਥੁ ਸਫਲੁ ਸਵੇਰਾ॥੨॥੪॥੧੨੧॥	(ਕ੍ਰਿਤਾਰਥੁ) ਮਨੋਰਥ ਪੂਰਨ ਹੋਇਆ। (ਸਵੇਰਾ) ਸੁ ਵੇਲਾ	Aanadh Sookh Bhaettath Har Naanak Janam Kirathaarathh Safal Savaeraa ||2||4||121||	Meeting the Lord, Nanak has found peace and bliss; his life is redeemed, and prosperity dawns for him. ||2||4||121||	ਹੇ ਨਾਨਕ! ਪਰਮਾਤਮਾ ਨੂੰ ਮਿਲਿਆਂ ਬੇਅੰਤ ਸੁਖ ਆਨੰਦ ਪ੍ਰਾਪਤ ਹੋ ਜਾਂਦੇ ਹਨ, ਮਨੁੱਖਾ ਜਨਮ ਦਾ ਮਨੋਰਥ ਪੂਰਾ ਹੋ ਜਾਂਦਾ ਹੈ ਜਨਮ ਵੇਲੇ-ਸਿਰ (ਇਸੇ ਜਨਮ ਵਿਚ) ਸਫਲ ਹੋ ਜਾਂਦਾ ਹੈ ॥੨॥੪॥੧੨੧॥
8872	204	ਰਾਗੁ ਗਉੜੀ ਪੂਰਬੀ੧ ਮਹਲਾ ੫	ਪੂਰਬੀ੧: ਹੇਠਾਂ ਪੈਰਾਂ ਵਿੱਚ ਬ੍ਰੀਕ ਏਕਾ ਲਿਖਿਆ ਪੜ੍ਨਾ ਨਹੀਂ, ਰਾਗੁ ਗਉੜੀ ਪੂਰਬੀ੧ ਜਾਤੀ ਦੀ ਪਹਿਲੀ ਕਿਸਮ ਹੈ	Raag Gourree Poorabee Mehalaa 5	Raag Gauree Poorbee, Fifth Mehl:	ਰਾਗ ਗਉੜੀ-ਪੂਰਬੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
8873	204	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
8874	204	ਕਿਨ ਬਿਧਿ ਮਿਲੈ ਗੁਸਾਈ ਮੇਰੇ ਰਾਮਰਾਇ॥	ਬਿਧਿ: ਪੋਲਾ ਬੋਲੋ	Kin Bidhh Milai Gusaaee Maerae Raam Raae ||	How may I meet my Master, the King, the Lord of the Universe?	ਹੇ ਮੇਰੇ ਪ੍ਰਭੂ ਪਾਤਿਸ਼ਾਹ! ਮੈਨੂੰ ਧਰਤੀ ਦਾ ਖਸਮ-ਪ੍ਰਭੂ ਕਿਨ੍ਹਾਂ ਤਰੀਕਿਆਂ ਨਾਲ ਮਿਲ ਸਕੇ?

8875	204	ਕੋਈ ਐਸਾ ਸੰਤੁ ਸਹਜ ਸੁਖਦਾਤਾ ਮੋਹਿ ਮਾਰਗੁ ਦੇਇ ਬਤਾਈ॥੧॥ਰਹਾਉ॥		Koee Aisaa Santh Sehaj Sukhadhaathaa Mohi Maarag Dhaee Bathaaee ||1|| Rehaao ||	Is there any Saint, who can bestow such celestial peace, and show me the Way to Him? ||1||Pause||	ਆਤਮਕ ਅਡੋਲਤਾ ਦਾ ਆਨੰਦ ਦੇਣ ਵਾਲਾ ਕੋਈ ਇਹੋ ਜਿਹਾ ਸੰਤ ਮੈਨੂੰ ਮਿਲ ਪਏ, ਜੇਹੜਾ ਮੈਨੂੰ ਰਸਤਾ ਦੱਸ ਦੇਵੇ ॥੧॥ ਰਹਾਉ ॥
8876	205	ਅੰਤਰਿ ਅਲਖੁ ਨ ਜਾਈ ਲਖਿਆ ਵਿਚਿ ਪੜਦਾ ਹਉਮੈ ਪਾਈ॥	ਅ-ਲਖੁ: ਪੋਲਾ ਬੋਲੋ	Anthar Alakh N Jaaee Lakhiaa Vich Parradhaa Houmai Paaee ||	The Unseen Lord is deep within the self; He cannot be seen; the curtain of egotism intervenes.	(ਹਰੇਕ ਜੀਵ ਦੇ) ਅੰਦਰ ਅਦ੍ਰਿਸ਼ਟ ਪ੍ਰਭੂ ਵੱਸਦਾ ਹੈ, ਪਰ (ਜੀਵ ਨੂੰ) ਇਹ ਸਮਝ ਨਹੀਂ ਆ ਸਕਦੀ, ਕਿਉਂਕਿ (ਜੀਵ ਦੇ ਅੰਦਰ) ਹਉਮੈ ਦਾ ਪਰਦਾ ਪਿਆ ਹੋਇਆ ਹੈ।
8877	205	ਮਾਇਆ ਮੋਹਿ ਸਭੋ ਜਗੁ ਸੋਇਆ ਇਹੁ ਭਰਮੁ ਕਹਹੁ ਕਿਉ ਜਾਈ॥੧॥		Maaeiaa Mohi Sabho Jag Soeiaa Eihu Bharam Kehahu Kio Jaaee ||1||	In emotional attachment to Maya, all the world is asleep. Tell me, how can this doubt be dispelled? ||1||	ਸਾਰਾ ਜਗਤ ਹੀ ਮਾਇਆ ਦੇ ਮੋਹ ਵਿਚ ਸੁੱਤਾ ਪਿਆ ਹੈ। (ਹੇ ਭਾਈ!) ਦੱਸ, (ਜੀਵ ਦੀ) ਇਹ ਭਟਕਣਾ ਕਿਵੇਂ ਦੂਰ ਹੋਵੇ? ॥੧॥
8878	205	ਏਕਾ ਸੰਗਤਿ ਇਕਤੁ ਗ੍ਰਿਹਿ ਬਸਤੇ ਮਿਲਿ ਬਾਤ ਨ ਕਰਤੇ ਭਾਈ॥	(ਗ੍ਰਿਹਿ) ਘਰ	Eaekaa Sangath Eikath Grihi Basathae Mil Baath N Karathae Bhaaee ||	The one lives together with the other in the same house, but they do not talk to one another, O Siblings of Destiny.	(ਹੇ ਭਾਈ! ਆਤਮਾ ਤੇ ਪਰਮਾਤਮਾ ਦੀ) ਇਕੋ ਹੀ ਸੰਗਤਿ ਹੈ, ਦੋਵੇਂ ਇਕੋ ਹੀ (ਹਿਰਦੇ-) ਘਰ ਵਿਚ ਵੱਸਦੇ ਹਨ, ਪਰ (ਆਪੋ ਵਿਚ) ਮਿਲ ਕੇ (ਕਦੇ) ਗੱਲ ਨਹੀਂ ਕਰਦੇ।

8879	205	ੲੇਕ ਬਸਤੁ ਬਿਨੁ ਪੰਚ ਦੁਹੇਲੇ ਓਹ ਬਸਤੁ ਅਗੋਚਰ ਠਾਈ॥੨॥	(ਦੁਹੇਲੇ) ਦੁਖੀ। (ਠਾਈ) ਥਾਂ	Eaek Basath Bin Panch Dhuhaelae Ouh Basath Agochar Thaaee ||2||	Without the one substance, the five are miserable; that substance is in the unapproachable place. ||2||	ਇਕ (ਨਾਮ) ਪਦਾਰਥ ਤੋਂ ਬਿਨਾ (ਜੀਵ ਦੇ) ਪੰਜੇ ਗਿਆਨ-ਇੰਦ੍ਰੇ ਦੁੱਖੀ ਰਹਿੰਦੇ ਹਨ। ਉਹ (ਨਾਮ) ਪਦਾਰਥ ਅਜੇਹੇ ਥਾਂ ਵਿਚ ਹੈ, ਜਿਥੇ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ॥੨॥
8880	205	ਜਿਸ ਕਾ ਗ੍ਰਿਹੁ ਤਿਨਿ ਦੀਆ ਤਾਲਾ ਕੁੰਜੀ ਗੁਰ ਸਉਪਾਈ॥	ਅਹੰਕਾਰੀ ਨੇ ਅਪਨੇ (ਗਿ੍ਹ) ਸ੍ਰੀਰ ਰੂਪੀ ਘਰ ਨੂੰ, ਔਗੁਣਾਂ ਰੂਪੀ (ਤਾਲਾ) ਜਿੰਦ੍ਰਾ ਲਾ ਦਿਤਾ ਹੈ. ਅਕਾਲ ਜੀ ਨੇ ਪੂਰਨ ਗੁਰੂ ਜੀ ਨੂੰ ਗ੍ਰੀਬੀ ਰੂਪੀ ਕੁੰਜੀ। (ਸਉਪਾਈ) ਸੌਂਪ ਦਿਤੀ ਹੈ। ਤਾਲਾ: ਪੋਲਾ ਬੋਲੋ	Jis Kaa Grihu Thin Dheeaa Thaalaa Kunjee Gur Soupaaee ||	And the one whose home it is, has locked it up, and given the key to the Guru.	(ਹੇ ਭਾਈ!) ਜਿਸ ਹਰੀ ਦਾ ਇਹ ਬਣਾਇਆ ਹੋਇਆ (ਸਰੀਰ-) ਘਰ ਹੈ, ਉਸ ਨੇ ਹੀ (ਮੋਹ ਦਾ) ਜੰਦ੍ਰਾ ਮਾਰਿਆ ਹੋਇਆ ਹੈ, ਤੇ ਕੁੰਜੀ ਗੁਰੂ ਨੂੰ ਸੌਂਪ ਦਿੱਤੀ ਹੈ।
8881	205	ਅਨਿਕ ਉਪਾਵ ਕਰੇ ਨਹੀ ਪਾਵੈ ਬਿਨੁ ਸਤਿਗੁਰ ਸਰਣਾਈ॥੩॥		Anik Oupaav Karae Nehee Paavai Bin Sathigur Saranaaee ||3||	You may make all sorts of efforts, but it cannot be obtained, without the Sanctuary of the True Guru. ||3||	ਗੁਰੂ ਦੀ ਸਰਨ ਪੈਣ ਤੋਂ ਬਿਨਾ ਜੀਵ ਹੋਰ ਹੋਰ ਅਨੇਕਾਂ ਹੀਲੇ ਕਰਦਾ ਹੈ, (ਪਰ ਉਹਨਾਂ ਹੀਲਿਆਂ ਨਾਲ ਪਰਮਾਤਮਾ ਨੂੰ) ਲੱਭ ਨਹੀਂ ਸਕਦਾ ॥੩॥

8882	205	ਜਿਨ ਕੇ ਬੰਧਨ ਕਾਟੇ ਸਤਿਗੁਰ ਤਿਨ ਸਾਧਸੰਗਤਿ ਲਿਵ ਲਾਈ॥		Jin Kae Bandhhan Kaattae Sathigur Thin Saadhhasangath Liv Laaee ||	Those whose bonds have been broken by the True Guru, enshrine love for the Saadh Sangat, the Company of the Holy.	ਹੇ ਸਤਿਗੁਰੂ! ਜਿਨ੍ਹਾਂ ਦੇ (ਮਾਇਆ ਦੇ) ਬੰਧਨ ਤੂੰ ਕੱਟ ਦਿੱਤੇ, ਉਹਨਾਂ ਨੇ ਸਾਧ ਸੰਗਤਿ ਵਿਚ ਟਿਕ ਕੇ (ਪ੍ਰਭੂ ਨਾਲ) ਪ੍ਰੀਤਿ ਬਣਾਈ।
8883	205	ਪੰਚ ਜਨਾ ਮਿਲਿ ਮੰਗਲੁ ਗਾਇਆ ਹਰਿ ਨਾਨਕ ਭੇਦੁ ਨ ਭਾਈ॥੪॥	(ਮੰਗਲੁ) ਜਸ। (ਭੇਦੁ) ਫ਼ਰਕ	Panch Janaa Mil Mangal Gaaeiaa Har Naanak Bhaedh N Bhaaee ||4||	The self-elect, the self-realized beings, meet together and sing the joyous songs of the Lord. Nanak, there is no difference between them, O Siblings of Destiny. ||4||	ਹੇ ਨਾਨਕ! (ਆਖ-) ਉਹਨਾਂ ਦੇ ਪੰਜੇ ਗਿਆਨ-ਇੰਦ੍ਰਿਆਂ ਨੇ ਮਿਲ ਕੇ ਸਿਫ਼ਤ-ਸਾਲਾਹ ਦਾ ਗੀਤ ਗਾਇਆ। ਹੇ ਭਾਈ! ਉਹਨਾਂ ਵਿਚ ਤੇ ਹਰੀ ਵਿਚ ਕੋਈ ਵਿੱਥ ਨਾਹ ਰਹਿ ਗਈ ॥੪॥
8884	205	ਮੇਰੇ ਰਾਮਰਾਇ ਇਨ ਬਿਧਿ ਮਿਲੈ ਗੁਸਾਈ॥	ਗੁਸਾਂਈਂ	Maerae Raam Raae Ein Bidhh Milai Gusaaee ||	This is how my Sovereign Lord King, the Lord of the Universe, is met;	ਹੇ ਮੇਰੇ ਪ੍ਰਭੂ ਪਾਤਿਸ਼ਾਹ! ਇਹਨਾਂ ਤਰੀਕਿਆਂ ਨਾਲ ਧਰਤੀ ਦਾ ਖਸਮ-ਪਰਮਾਤਮਾ ਮਿਲਦਾ ਹੈ।

8885	205	ਸਹਜੁ ਭਇਆ ਭ੍ਰਮੁ ਖਿਨ ਮਹਿ ਨਾਠਾ ਮਿਲਿ ਜੋਤੀ ਜੋਤਿ ਸਮਾਈ॥੧॥ ਰਹਾਉ ਦੂਜਾ॥੧॥੧੨੨॥		Sehaj Bhaeiaa Bhram Khin Mehi Naathaa Mil Jothee Joth Samaaee ||1|| Rehaao Dhoojaa ||1||122||	Celestial bliss is attained in an instant, and doubt is dispelled. Meeting Him, my light merges in the Light. ||1||Second Pause||1||122||	ਜਿਸ ਮਨੁੱਖ ਨੂੰ ਆਤਮਕ ਅਡੋਲਤਾ ਪ੍ਰਾਪਤ ਹੋ ਗਈ ਹੈ, ਉਸ ਦੀ (ਮਾਇਆ ਦੀ ਖ਼ਾਤਰ) ਭਟਕਣਾ ਇਕ ਖਿਨ ਵਿਚ ਦੂਰ ਹੋ ਗਈ। ਉਸ ਦੀ ਜੋਤਿ ਪ੍ਰਭੂ ਵਿਚ ਮਿਲ ਕੇ ਪ੍ਰਭੂ ਵਿਚ ਲੀਨ ਹੋ ਗਈ ॥੧॥ਰਹਾਉ ਦੂਜਾ॥੧॥੧੨੨॥
8886	205	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8887	205	ਐਸੋ ਪਰਚਉ ਪਾਇਓ॥	(ਪਰਚਉ) ਪ੍ਰੇਮ	Aiso Paracho Paaeiou ||	I am intimate with Him;	(ਪਰਮਾਤਮਾ ਨਾਲ ਮੇਰੀ) ਇਹੋ ਜਿਹੀ ਸਾਂਝ ਬਣ ਗਈ,
8888	205	ਕਰੀ ਕ੍ਰਿਪਾ ਦਇਆਲ ਬੀਠੁਲੈ ਸਤਿਗੁਰ ਮੁਝਹਿ ਬਤਾਇਓ॥੧॥ਰਹਾਉ ॥	(ਬੀਠੁਲੈ) ਪ੍ਰਭ ਜੀ	Karee Kirapaa Dhaeiaal Beethulai Sathigur Mujhehi Bathaaeiou ||1|| Rehaao ||	Granting His Grace, my Kind Beloved has told me of the True Guru. ||1||Pause||	ਕਿ ਉਸ ਮਾਇਆ ਦੇ ਪ੍ਰਭਾਵ ਤੋਂ ਪਰੇ ਟਿਕੇ ਹੋਏ ਦਿਆਲ ਪ੍ਰਭੂ ਨੇ ਮੇਰੇ ਉਤੇ ਕਿਰਪਾ ਕੀਤੀ ਤੇ ਮੈਨੂੰ ਗੁਰੂ ਦਾ ਪਤਾ ਦੱਸ ਦਿੱਤਾ ॥੧॥ ਰਹਾਉ ॥

8889	205	ਜਤ ਕਤ ਦੇਖਉ ਤਤ ਤਤ ਤੁਮ ਹੀ ਮੋਹਿ ਇਹੁ ਬਿਸੁਆਸੁ ਹੋਇ ਆਇਓ॥		Jath Kath Dhaekho Thath Thath Thum Hee Mohi Eihu Bisuaas Hoe Aaeiou ||	Wherever I look, there You are; I am totally convinced of this.	(ਗੁਰੂ ਦੀ ਸਹਾਇਤਾ ਨਾਲ ਹੁਣ) ਮੈਨੂੰ ਇਹ ਨਿਸ਼ਚਾ ਬਣ ਗਿਆ ਹੈ ਕਿ ਮੈਂ ਜਿਧਰ ਵੇਖਦਾ ਹਾਂ, ਹੇ ਪ੍ਰਭੂ! ਮੈਨੂੰ ਤੂੰ ਹੀ ਤੂੰ ਦਿੱਸਦਾ ਹੈਂ।
8890	205	ਕੈ ਪਹਿ ਕਰਉ ਅਰਦਾਸਿ ਬੇਨਤੀ ਜਉ ਸੁਨਤੋ ਹੈ ਰਘੁਰਾਇਓ॥੧॥	(ਰਘੁਰਾਇਓ) ਪ੍ਰਭ ਜੀ	Kai Pehi Karo Aradhaas Baenathee Jo Sunatho Hai Raghuraaeiou ||1||	Unto whom should I pray? The Lord Himself hears all. ||1||	(ਹੇ ਭਾਈ! ਮੈਨੂੰ ਯਕੀਨ ਹੋ ਗਿਆ ਹੈ ਕਿ) ਜਦੋਂ ਪਰਮਾਤਮਾ ਆਪ (ਜੀਵਾਂ ਦੀ ਅਰਦਾਸ ਬੇਨਤੀ) ਸੁਣਦਾ ਹੈ ਤਾਂ ਮੈਂ (ਉਸ ਤੋਂ ਬਿਨਾ ਹੋਰ) ਕਿਸ ਦੇ ਪਾਸ ਅਰਜ਼ੋਈ ਕਰਾਂ ਬੇਨਤੀ ਕਰਾਂ? ॥੧॥
8891	205	ਲਹਿਓ ਸਹਸਾ ਬੰਧਨ ਗੁਰਿ ਤੋਰੇ ਤਾਂ ਸਦਾ ਸਹਜ ਸੁਖੁ ਪਾਇਓ॥	(ਸਹਸਾ) ਭਰਮ	Lehiou Sehasaa Bandhhan Gur Thorae Thaan Sadhaa Sehaj Sukh Paaeiou ||	My anxiety is over. The Guru has cut away my bonds, and I have found eternal peace.	(ਹੇ ਭਾਈ!) ਗੁਰੂ ਨੇ (ਜਿਸ ਮਨੁੱਖ ਦੇ ਮਾਇਆ ਦੇ) ਬੰਧਨ ਤੋੜ ਦਿੱਤੇ, ਉਸ ਦਾ ਸਾਰਾ ਸਹਮ-ਫ਼ਿਕਰ ਦੂਰ ਹੋ ਗਿਆ, ਤਦੋਂ ਉਸ ਨੇ ਸਦਾ ਲਈ ਆਤਮਕ ਅਡੋਲਤਾ ਦਾ ਆਨੰਦ ਪ੍ਰਾਪਤ ਕਰ ਲਿਆ।
8892	205	ਹੋਣਾ ਸਾ ਸੋਈ ਫੁਨਿ ਹੋਸੀ ਸੁਖੁ ਦੁਖੁ ਕਹਾ ਦਿਖਾਇਓ॥੨॥	(ਫੁਨਿ) ਫੇਰ	Honaa Saa Soee Fun Hosee Sukh Dhukh Kehaa Dhikhaaeiou ||2||	Whatever shall be, shall be in the end; so where can pain and pleasure be seen? ||2||	(ਉਸ ਨੂੰ ਯਕੀਨ ਬਣ ਗਿਆ ਕਿ ਪ੍ਰਭੂ ਦੀ ਰਜ਼ਾ ਅਨੁਸਾਰ) ਜੋ ਕੁਝ ਵਾਪਰਨਾ ਸੀ ਉਹੀ ਵਰਤੇਗਾ (ਉਸ ਦੇ ਹੁਕਮ ਤੋਂ ਬਿਨਾ) ਕੋਈ ਸੁਖ ਜਾਂ ਕੋਈ ਦੁੱਖ ਕਿਤੇ ਭੀ ਵਿਖਾਲੀ ਨਹੀਂ ਦੇ ਸਕਦਾ ॥੨॥

8893	205	ਖੰਡ ਬ੍ਰਹਮੰਡ ਕਾ ਏਕੋ ਠਾਣਾ ਗੁਰਿ ਪਰਦਾ ਖੋਲਿ ਦਿਖਾਇਓ॥	(ਠਾਣਾ) ਟਿਕਾਣਾ	Khandd Brehamandd Kaa Eaeko Thaanaa Gur Paradhaa Khol Dhikhaaeiou ||	The continents and the solar systems rest in the support of the One Lord. The Guru has removed the veil of illusion, and shown this to me.	(ਹੇ ਭਾਈ!) ਗੁਰੂ ਨੇ (ਜਿਸ ਮਨੁੱਖ ਦੇ ਅੰਦਰੋਂ ਹਉਮੈ ਦਾ) ਪਰਦਾ ਖੋਲ੍ਹ ਕੇ ਪਰਮਾਤਮਾ ਦਾ ਦਰਸਨ ਕਰਾ ਦਿੱਤਾ, ਉਸ ਨੂੰ ਪਰਮਾਤਮਾ ਹੀ ਸਾਰੇ ਖੰਡਾਂ ਬ੍ਰਹਮੰਡਾਂ ਦਾ ਇਕੋ ਟਿਕਾਣਾ ਦਿੱਸਦਾ ਹੈ।
8894	205	ਨਉ ਨਿਧਿ ਨਾਮੁ ਨਿਧਾਨੁ ਇਕ ਠਾਈ ਤਉ ਬਾਹਰਿ ਕੈਠੈ ਜਾਇਓ॥੩॥	(ਕੈਠੈ) ਕਿੱਥੇ। ਬਾ-ਹਰਿ: ਹਾਹਾ ਮੁਕਤਾ ਰਾਰੇ ਸਿਹਾਰੀ ਲਾ ਕੇ	No Nidhh Naam Nidhhaan Eik Thaaee Tho Baahar Kaithai Jaaeiou ||3||	The nine treasures of the wealth of the Name of the Lord are in that one place. Where else should we go? ||3||	ਜਿਸ ਮਨੁੱਖ ਦੇ ਹਿਰਦੇ ਵਿਚ ਹੀ (ਗੁਰੂ ਦੀ ਕਿਰਪਾ ਨਾਲ) ਜਗਤ ਦੇ ਨੌ ਹੀ ਖ਼ਜ਼ਾਨਿਆਂ ਦਾ ਰੂਪ ਪ੍ਰਭੂ-ਨਾਮ-ਖ਼ਜ਼ਾਨਾ ਆ ਵੱਸੇ, ਉਸ ਨੂੰ ਕਿਤੇ ਬਾਹਰ ਭਟਕਣ ਦੀ ਲੋੜ ਨਹੀਂ ਰਹਿੰਦੀ ॥੩॥
8895	205	ਏਕੈ ਕਨਿਕ ਅਨਿਕ ਭਾਤਿ ਸਾਜੀ ਬਹੁ ਪਰਕਾਰ ਰਚਾਇਓ॥	(ਕਨਿਕ) ਸੋਨਾ	Eaekai Kanik Anik Bhaath Saajee Bahu Parakaar Rachaaeiou ||	The same gold is fashioned into various articles; just so, the Lord has made the many patterns of the creation.	(ਹੇ ਭਾਈ! ਜਿਵੇਂ) ਇੱਕ ਸੋਨੇ ਤੋਂ ਸੁਨਿਆਰੇ ਨੇ ਗਹਣਿਆਂ ਦੀ ਅਨੇਕਾਂ ਕਿਸਮਾਂ ਦੀ ਬਣਤਰ ਬਣਾ ਦਿੱਤੀ, ਤਿਵੇਂ ਪਰਮਾਤਮਾ ਨੇ ਕਈ ਕਿਸਮਾਂ ਦੀ ਇਹ ਜਗਤ-ਰਚਨਾ ਰਚ ਦਿੱਤੀ ਹੈ।

8896	205	ਕਹੁ ਨਾਨਕ ਭਰਮੁ ਗੁਰਿ ਖੋਈ ਹੈ ਇਵ ਤਤੈ ਤਤੁ ਮਿਲਾਇਓ॥੪॥੨॥ ੧੨੩॥		Kahu Naanak Bharam Gur Khoee Hai Eiv Thathai Thath Milaaeiou ||4||2||123||	Says Nanak, the Guru has dispelled my doubt; in this way, my essence merges into God's essence. ||4||2||123||	ਨਾਨਕ ਆਖਦਾ ਹੈ- ਗੁਰੂ ਨੇ ਜਿਸ ਮਨੁੱਖ ਦਾ ਭਰਮ-ਭੁਲੇਖਾ ਦੂਰ ਕਰ ਦਿੱਤਾ, ਉਸ ਨੂੰ ਉਸੇ ਤਰ੍ਹਾਂ ਹਰੇਕ ਤੱਤ (ਮੂਲ-) ਤੱਤ (ਪ੍ਰਭੂ) ਵਿਚ ਮਿਲਦਾ ਦਿੱਸਦਾ ਹੈ (ਜਿਵੇਂ ਅਨੇਕਾਂ ਰੂਪਾਂ ਦੇ ਗਹਣੇ ਮੁੜ ਸੋਨੇ ਵਿਚ ਹੀ ਮਿਲ ਜਾਂਦੇ ਹਨ) ॥੪॥੨॥੧੨੩॥
8897	205	ਗਉੜੀ੨ ਮਹਲਾ ੫॥	ੜਾੜੇ ਹੇਠਾਂ ਬ੍ਰੀਕ ੨ ਪੜ੍ਹਨਾ ਨਹੀਂ, ਬ੍ਰੀਕ ੨ ਦਾ ਭਾਵ ਇਹ ਦੂਜੀ ਕਿਸਮ ਦੀ ਗਉੜੀ ਹੈ।	Gourree Mehalaa 5 ||	Gauree, Fifth Mehl:	
8898	205	ਅਉਧ ਘਟੈ ਦਿਨਸੁ ਰੈਨਾਰੇ॥	(ਅਉਧ) ਉਮਰ। (ਰੈਨਾਰੇ) ਰਾਤ	Aoudhh Ghattai Dhinas Rainaarae ||	This life is diminishing, day and night.	ਹੇ ਭਾਈ! (ਤੇਰੀ) ਉਮਰ (ਇਕ ਇਕ) ਦਿਨ (ਇਕ ਇਕ) ਰਾਤ ਕਰ ਕੇ ਘਟਦੀ ਜਾ ਰਹੀ ਹੈ।
8899	205	ਮਨ ਗੁਰ ਮਿਲਿ ਕਾਜ ਸਵਾਰੇ॥੧॥ਰਹਾਉ॥		Man Gur Mil Kaaj Savaarae ||1|| Rehaao ||	Meeting with the Guru, your affairs shall be resolved. ||1||Pause||	ਹੇ ਮਨ! (ਜਿਸ ਕੰਮ ਲਈ ਤੂੰ ਜਗਤ ਵਿਚ ਆਇਆ ਹੈਂ, ਆਪਣੇ ਉਸ) ਕੰਮ ਨੂੰ ਗੁਰੂ ਨੂੰ ਮਿਲ ਕੇ ਸਿਰੇ ਚਾੜ੍ਹ ॥੧॥ ਰਹਾਉ ॥
8900	205	ਕਰਉ ਬੇਨੰਤੀ ਸੁਨਹੁ ਮੇਰੇ ਮੀਤਾ ਸੰਤ ਟਹਲ ਕੀ ਬੇਲਾ॥	ਬੇਲਾ:ਪੋਲਾ ਬੋਲੋ। (ਬੇਲਾ) ਵੇਲ਼ਾ	Karo Baenanthee Sunahu Maerae Meethaa Santh Ttehal Kee Baelaa ||	Listen, my friends, I beg of you: now is the time to serve the Saints!	ਹੇ ਮੇਰੇ ਮਿੱਤਰ! ਸੁਣ, ਮੈਂ (ਤੇਰੇ ਅੱਗੇ) ਬੇਨਤੀ ਕਰਦਾ ਹਾਂ (ਇਹ ਮਨੁੱਖਾ ਜਨਮ) ਸੰਤਾਂ ਦੀ ਟਹਲ ਕਰਨ ਦਾ ਸਮਾ ਹੈ।

8901	205	ਈਹਾ ਖਾਟਿ ਚਲਹੁ ਹਰਿ ਲਾਹਾ ਆਗੈ ਬਸਨੁ ਸੁਹੇਲਾ॥੧॥	(ਈਹਾ) ਇਸ ਲੋਕ ਚ। (ਆਗੈ) ਪ੍ਰਲੋਕ ਚ	Eehaa Khaatt Chalahu Har Laahaa Aagai Basan Suhaelaa ||1||	In this world, earn the profit of the Lord's Name, and hereafter, you shall dwell in peace. ||1||	ਇਥੋਂ ਹਰਿ-ਨਾਮ ਦਾ ਲਾਭ ਖੱਟ ਕੇ ਤੁਰੋ, ਪਰਲੋਕ ਵਿਚ ਸੌਖਾ ਵਾਸ ਪ੍ਰਾਪਤ ਹੋਵੇਗਾ ॥੧॥
8902	205	ਇਹੁ ਸੰਸਾਰੁ ਬਿਕਾਰੁ ਸਹਸੇ ਮਹਿ ਤਰਿਓ ਬ੍ਰਹਮਗਿਆਨੀ॥	(ਸਹਸੇ) ਭਰਮ, ਚਿੰਤਾ	Eihu Sansaar Bikaar Sehasae Mehi Thariou Breham Giaanee ||	This world is engrossed in corruption and cynicism. Only those who know God are saved.	(ਹੇ ਭਾਈ!) ਇਹ ਜਗਤ ਵਿਕਾਰ-ਰੂਪ ਬਣਿਆ ਪਿਆ ਹੈ (ਵਿਕਾਰਾਂ ਨਾਲ ਭਰਪੂਰ ਹੈ, ਵਿਕਾਰਾਂ ਵਿਚ ਫਸ ਕੇ ਜੀਵ) ਚਿੰਤਾ-ਫ਼ਿਕਰਾਂ ਵਿਚ (ਡੁੱਬੇ ਰਹਿੰਦੇ ਹਨ)। ਜਿਸ ਮਨੁੱਖ ਨੇ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ ਹੈ, ਉਹ (ਇਸ ਸੰਸਾਰ-ਸਮੁੰਦਰ ਵਿਚੋਂ) ਪਾਰ ਲੰਘ ਜਾਂਦਾ ਹੈ।
8903	205	ਜਿਸਹਿ ਜਗਾਇ ਪੀਆਏ ਹਰਿ ਰਸੁ ਅਕਥ ਕਥਾ ਤਿਨਿ ਜਾਨੀ॥੨॥	ਅ-ਕਥ: ਪੋਲਾ ਬੋਲੋ	Jisehi Jagaae Peeaaeae Har Ras Akathh Kathhaa Thin Jaanee ||2||	Those who are awakened by the Lord to drink in this sublime essence, come to know the Unspoken Speech of the Lord. ||2||	ਜਿਸ ਮਨੁੱਖ ਨੂੰ (ਪਰਮਾਤਮਾ ਵਿਕਾਰਾਂ ਦੀ ਨੀਂਦ ਵਿਚੋਂ) ਸੁਚੇਤ ਕਰਦਾ ਹੈ, ਉਸ ਨੂੰ ਆਪਣਾ ਹਰਿ-ਨਾਮ-ਰਸ ਪਿਲਾਂਦਾ ਹੈ। ਉਸ ਮਨੁੱਖ ਨੇ ਫਿਰ ਉਸ ਪਰਮਾਤਮਾ ਦੀ ਸਿਫ਼ਤ-ਸਾਲਾਹ ਨਾਲ ਡੂੰਘੀ ਸਾਂਝ ਪਾ ਲਈ ਹੈ ਜਿਸ ਦਾ ਮੁਕੰਮਲ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ ॥੨॥

8904	205	ਜਾ ਕਉ ਆਏ ਸੋਈ ਵਿਹਾਝਹੁ ਹਰਿ ਗੁਰ ਤੇ ਮਨਹਿ ਬਸੇਰਾ॥	(ਵਿਹਾਝਹੁ) ਖ੍ਰੀਦੋ। (ਬਸੇਰਾ) ਵਾਸਾ	Jaa Ko Aaeae Soee Vihaajhahu Har Gur Thae Manehi Basaeraa ||	Purchase only that for which you have come into the world, and through the Guru, the Lord shall dwell within your mind.	ਹੇ ਭਾਈ! ਜਿਸ (ਨਾਮ-ਪਦਾਰਥ ਦੇ ਖ਼ਰੀਦਣ) ਵਾਸਤੇ (ਜਗਤ ਵਿਚ) ਆਏ ਹੋ, ਉਹ ਸੌਦਾ ਖ਼ਰੀਦੋ।
8905	205	ਨਿਜ ਘਰਿ ਮਹਲੁ ਪਾਵਹੁ ਸੁਖ ਸਹਜੇ ਬਹੁਰਿ ਨ ਹੋਇਗੋ ਫੇਰਾ॥੩॥	(ਨਿਜ) ਅਪਣੇ (ਘਰਿ) ਹਿਰਦੇ। (ਮਹਲੁ) ਨਿਰਗੁਨ ਬ੍ਰਹਮ	Nij Ghar Mehal Paavahu Sukh Sehajae Bahur N Hoeigo Faeraa ||3||	Within the home of your own inner being, you shall obtain the Mansion of the Lord's Presence with intuitive ease. You shall not be consigned again to the wheel of reincarnation. ||3||	ਗੁਰੂ ਦੀ ਕਿਰਪਾ ਨਾਲ ਹੀ ਪਰਮਾਤਮਾ ਦਾ ਵਾਸ ਮਨ ਵਿਚ ਹੋ ਸਕਦਾ ਹੈ। ਹੇ ਭਾਈ! (ਗੁਰੂ ਦੀ ਸਰਨ ਪੈ ਕੇ) ਆਤਮਕ ਅਡੋਲਤਾ ਦੇ ਆਨੰਦ ਵਿਚ ਟਿਕ ਕੇ ਆਪਣਾ ਹਿਰਦੇ-ਘਰ ਵਿਚ ਪਰਮਾਤਮਾ ਦਾ ਟਿਕਾਣਾ ਲੱਭੋ। ਇਸ ਤਰ੍ਹਾਂ ਮੁੜ ਜਨਮ ਮਰਨ ਦਾ ਗੇੜ ਨਹੀਂ ਮਿਲੇਗਾ ॥੩॥
8906	205	ਅੰਤਰਜਾਮੀ ਪੁਰਖ ਬਿਧਾਤੇ ਸਰਧਾ ਮਨ ਕੀ ਪੂਰੇ॥	(ਬਿਧਾਤੇ) ਸਿਰਜਣਹਾਰ ਪ੍ਰਭ ਜੀ। (ਸਰਧਾ) ਭਰੋਸਾ	Antharajaamee Purakh Bidhhaathae Saradhhaa Man Kee Poorae ||	O Inner-knower, Searcher of hearts, Primal Being, Architect of Destiny: please fulfill this yearning of my mind.	ਹੇ ਅੰਤਰਜਾਮੀ ਸਰਬ-ਵਿਆਪਕ ਕਰਤਾਰ! ਮੇਰੇ ਮਨ ਦੀ ਸਰਧਾ ਪੂਰੀ ਕਰ।

8907	205	ਨਾਨਕੁ ਦਾਸੁ ਇਹੀ ਸੁਖੁ ਮਾਗੈ ਮੋਕਉ ਕਰਿ ਸੰਤਨ ਕੀ ਧੂਰੇ॥੪॥੩॥੧੨੪॥		Naanak Dhaas Eihee Sukh Maagai Mo Ko Kar Santhan Kee Dhhoorae ||4||3||124||	Nanak, Your slave, begs for this happiness: let me be the dust of the feet of the Saints. ||4||3||124||	ਤੇਰਾ ਦਾਸ ਨਾਨਕ ਤੈਥੋਂ ਇਹੀ ਸੁਖ ਮੰਗਦਾ ਹੈ-ਮੈਨੂੰ ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣਾ ਦੇ ॥੪॥੩॥੧੨੪॥
8908	205	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8909	205	ਰਾਖੁ ਪਿਤਾ ਪ੍ਰਭ ਮੇਰੇ॥		Raakh Pithaa Prabh Maerae ||	Save me, O My Father God.	ਹੇ ਮੇਰੇ ਮਿੱਤਰ ਪ੍ਰਭੂ! ਮੈਨੂੰ ਗੁਣ-ਹੀਨ ਨੂੰ ਬਚਾ ਲੈ।
8910	205	ਮੋਹਿ ਨਿਰਗੁਨੁ ਸਭ ਗੁਨ ਤੇਰੇ॥੧॥ਰਹਾਉ॥		Mohi Niragun Sabh Gun Thaerae ||1|| Rehaao ||	I am worthless and without virtue; all virtues are Yours. ||1||Pause||	ਸਾਰੇ ਗੁਣ ਤੇਰੇ (ਵੱਸ ਵਿਚ ਹਨ, ਜਿਸ ਤੇ ਮਿਹਰ ਕਰੇਂ, ਉਸੇ ਨੂੰ ਮਿਲਦੇ ਹਨ। ਮੈਨੂੰ ਭੀ ਆਪਣੇ ਗੁਣ ਬਖ਼ਸ਼ ਤੇ ਅਉਗਣਾਂ ਤੋਂ ਬਚਾ ਲੈ) ॥੧॥ ਰਹਾਉ ॥
8911	205	ਪੰਚ ਬਿਖਾਦੀ ਏਕੁ ਗਰੀਬਾ ਰਾਖਹੁ ਰਾਖਨਹਾਰੇ॥	(ਬਿਖਾਦੀ) ਦੁੱਖਦਾਈ	Panch Bikhaadhee Eaek Gareebaa Raakhahu Raakhanehaarae ||	The five vicious thieves are assaulting my poor being; save me, O Savior Lord!	ਹੇ ਸਹਾਇਤਾ ਕਰਨ ਦੇ ਸਮਰੱਥ ਪ੍ਰਭੂ! ਮੈਂ ਗਰੀਬ ਇਕੱਲਾ ਹਾਂ ਤੇ ਮੇਰੇ ਵੈਰੀ ਕਾਮ ਆਦਿਕ ਪੰਜ ਹਨ।

8912	205	ਖੇਦੁ ਕਰਹਿ ਅਰੁ ਬਹੁਤੁ ਸੰਤਾਵਹਿ ਆਇਓ ਸਰਨਿ ਤੁਹਾਰੇ॥੧॥	(ਖੇਦੁ) ਦੁੱਖ। (ਸੰਤਾਵਹਿ) ਸਤਾਉਂਦੇ, ਤੰਗ ਕਰਦੇ	Khaedh Karehi Ar Bahuth Santhaavehi Aaeiou Saran Thuhaarae ||1||	They are tormenting and torturing me. I have come, seeking Your Sanctuary. ||1||	ਮੇਰੀ ਸਹਾਇਤਾ ਕਰ, ਮੈਂ ਤੇਰੀ ਸਰਨ ਆਇਆ ਹਾਂ। ਇਹ ਪੰਜੇ ਮੈਨੂੰ ਦੁੱਖ ਦੇਂਦੇ ਹਨ ਤੇ ਬਹੁਤ ਸਤਾਂਦੇ ਹਨ ॥੧॥
8913	206	ਕਰਿ ਕਰਿ ਹਾਰਿਓ ਅਨਿਕ ਬਹੁ ਭਾਤੀ ਛੋਡਹਿ ਕਤਹੂੰ ਨਾਹੀ॥	ਭਾਂਤੀ	Kar Kar Haariou Anik Bahu Bhaathee Shhoddehi Kathehoon Naahee ||	Trying all sorts of things, I have grown weary, but still, they will not leave me alone.	(ਹੇ ਪਿਤਾ-ਪ੍ਰਭੂ! ਇਹਨਾਂ ਪੰਜਾਂ ਬਿਖਾਦੀਆਂ ਤੋਂ ਬਚਣ ਲਈ) ਮੈਂ ਅਨੇਕਾਂ ਤੇ ਕਈ ਕਿਸਮਾਂ ਦੇ ਜਤਨ ਕਰ ਕਰ ਕੇ ਥੱਕ ਗਿਆ ਹਾਂ, ਇਹ ਕਿਸੇ ਤਰ੍ਹਾਂ ਭੀ ਮੇਰੀ ਖ਼ਲਾਸੀ ਨਹੀਂ ਕਰਦੇ।
8914	206	ਏਕ ਬਾਤ ਸੁਨਿ ਤਾਕੀ ਓਟਾ ਸਾਧਸੰਗਿ ਮਿਟਿ ਜਾਹੀ॥੨॥	(ਤੱਾਕੀ) ਤੱਕਣਾ ਕੀਤੀ	Eaek Baath Sun Thaakee Outtaa Saadhhasang Mitt Jaahee ||2||	But I have heard that they can be rooted out, in the Saadh Sangat, the Company of the Holy; and so I seek their Shelter. ||2||	ਇਕ ਇਹ ਗੱਲ ਸੁਣ ਕੇ ਕਿ ਸਾਧ ਸੰਗਤਿ ਵਿਚ ਰਿਹਾਂ ਇਹ ਮੁੱਕ ਜਾਂਦੇ ਹਨ, ਮੈਂ ਤੇਰੀ ਸਾਧ ਸੰਗਤਿ ਦਾ ਆਸਰਾ ਲਿਆ ਹੈ ॥੨॥
8915	206	ਕਰਿ ਕਿਰਪਾ ਸੰਤ ਮਿਲੇ ਮੋਹਿ ਤਿਨ ਤੇ ਧੀਰਜੁ ਪਾਇਆ॥	(ਧੀਰਜੁ) ਟਿਕਾਉ	Kar Kirapaa Santh Milae Mohi Thin Thae Dhheeraj Paaeiaa ||	In their Mercy, the Saints have met me, and from them, I have obtained satisfaction.	(ਸਾਧ ਸੰਗਤਿ ਵਿਚ) ਕਿਰਪਾ ਕਰ ਕੇ ਮੈਨੂੰ ਤੇਰੇ ਸੰਤ ਜਨ ਮਿਲ ਪਏ, ਉਹਨਾਂ ਤੋਂ ਮੈਨੂੰ ਹੌਸਲਾ ਮਿਲਿਆ ਹੈ।

8916	206	ਸੰਤੀ ਮੰਤੁ ਦੀਓ ਮੋਹਿ ਨਿਰਭਉ ਗੁਰ ਕਾ ਸਬਦੁ ਕਮਾਇਆ॥੩॥	ਸੰਤੀਂ	Santhee Manth Dheeou Mohi Nirabho Gur Kaa Sabadh Kamaaeiaa ||3||	The Saints have given me the Mantra of the Fearless Lord, and now I practice the Word of the Guru's Shabad. ||3||	ਸੰਤਾਂ ਨੇ ਮੈਨੂੰ (ਇਹਨਾਂ ਪੰਜਾਂ ਬਿਖਾਦੀਆਂ ਤੋਂ) ਨਿਡਰ ਕਰਨ ਵਾਲਾ ਉਪਦੇਸ਼ ਦਿੱਤਾ ਹੈ ਤੇ ਮੈਂ ਗੁਰੂ ਦਾ ਸ਼ਬਦ ਆਪਣੇ ਜੀਵਨ ਵਿਚ ਧਾਰਿਆ ਹੈ ॥੩॥
8917	206	ਜੀਤਿ ਲਏ ਓਇ ਮਹਾ ਬਿਖਾਦੀ ਸਹਜ ਸੁਹੇਲੀ ਬਾਣੀ॥	(ਬਿਖਾਦੀ) ਝਗੜਾਲੂ। (ਸੁਹੇਲੀ) ਸੁਖਦਾਈ	Jeeth Leae Oue Mehaa Bikhaadhee Sehaj Suhaelee Baanee ||	I have now conquered those terrible evil-doers, and my speech is now sweet and sublime.	ਗੁਰੂ ਦੀ ਆਤਮਕ ਅਡੋਲਤਾ ਦੇਣ ਵਾਲੀ, ਤੇ ਸੁਖ ਦੇਣ ਵਾਲੀ ਬਾਣੀ ਦੀ ਬਰਕਤਿ ਨਾਲ ਮੈਂ ਉਹ ਪੰਜੇ ਵੱਡੇ ਝਗੜਾਲੂ ਜਿੱਤ ਲਏ ਹਨ।
8918	206	ਕਹੁ ਨਾਨਕ ਮਨਿ ਭਇਆ ਪਰਗਾਸਾ ਪਾਇਆ ਪਦੁ ਨਿਰਬਾਣੀ॥੪॥੪॥੧੨੫॥		Kahu Naanak Man Bhaeiaa Paragaasaa Paaeiaa Padh Nirabaanee ||4||4||125||	Says Nanak, the Divine Light has dawned within my mind; I have obtained the state of Nirvaanaa. ||4||4||125||	ਹੇ ਨਾਨਕ! (ਹੁਣ) ਆਖ-ਮੇਰੇ ਮਨ ਵਿਚ ਆਤਮਕ ਚਾਨਣ ਹੋ ਗਿਆ ਹੈ, ਮੈਂ ਉਹ ਆਤਮਕ ਦਰਜਾ ਪ੍ਰਾਪਤ ਕਰ ਲਿਆ ਹੈ, ਜਿਥੇ ਕੋਈ ਵਾਸ਼ਨਾ ਨਹੀਂ ਪੋਹ ਸਕਦੀ ॥੪॥੪॥੧੨੫॥
8919	206	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8920	206	ਓਹੁ ਅਬਿਨਾਸੀ ਰਾਇਆ॥	(ਰਾਇਆ) ਪਾਤਸ਼ਾਹ	Ouhu Abinaasee Raaeiaa ||	He is the Eternal King.	(ਹੇ ਪ੍ਰਭੂ! ਤੂੰ ਇਕ) ਉਹ ਰਾਜਾ ਹੈਂ ਜੋ ਕਦੇ ਨਾਸ ਹੋਣ ਵਾਲਾ ਨਹੀਂ।

8921	206	ਨਿਰਭਉ ਸੰਗਿ ਤੁਮਾਰੈ ਬਸਤੇ ਇਹੁ ਡਰਨੁ ਕਹਾ ਤੇ ਆਇਆ॥੧॥ਰਹਾਉ ॥		Nirabho Sang Thumaarai Basathae Eihu Ddaran Kehaa Thae Aaeiaa ||1|| Rehaao ||	The Fearless Lord abides with you. So where does this fear come from? ||1||Pause||	ਜੇਹੜੇ ਜੀਵ ਤੇਰੇ ਚਰਨਾਂ ਵਿਚ ਟਿਕੇ ਰਹਿੰਦੇ ਹਨ, ਉਹ ਨਿਡਰ ਹੋ ਜਾਂਦੇ ਹਨ, ਉਹਨਾਂ ਨੂੰ ਕਿਤੋਂ ਭੀ ਕੋਈ ਡਰ-ਖ਼ੌਫ਼ ਨਹੀਂ ਆਉਂਦਾ ॥੧॥ ਰਹਾਉ ॥
8922	206	ਏਕ ਮਹਲਿ ਤੂੰ ਹੋਹਿ ਅਫਾਰੋ ਏਕ ਮਹਲਿ ਨਿਮਾਨੋ॥	(ਮਹ-ਲਿ) ਸ੍ਰੀਰ। (ਅਫਾਰੋ) ਹੰਕਾਰੀ। (ਨਿਮਾਨੋ) ਨਿਮਾਣਾ ਗ੍ਰੀਬ	Eaek Mehal Thoon Hohi Afaaro Eaek Mehal Nimaano ||	In one person, You are arrogant and proud, and in another, You are meek and humble.	(ਹੇ ਪ੍ਰਭੂ! ਤੇਰੇ ਚਰਨਾਂ ਵਿਚ ਟਿਕੇ ਰਹਿਣ ਵਾਲਿਆਂ ਨੂੰ ਯਕੀਨ ਹੈ ਕਿ) ਇਕ (ਮਨੁੱਖ ਦੇ) ਸਰੀਰ ਵਿਚ ਤੂੰ (ਆਪ ਹੀ) ਅਹੰਕਾਰੀ ਬਣਿਆ ਹੈਂ ਤੇ ਇਕ ਹੋਰ ਸਰੀਰ ਵਿਚ ਤੂੰ ਮਾਣ-ਰਹਿਤ ਹੈਂ।
8923	206	ਏਕ ਮਹਲਿ ਤੂੰ ਆਪੇ ਆਪੇ ਏਕ ਮਹਲਿ ਗਰੀਬਾਨੋ॥੧॥	(ਗਰੀਬਾਨੋ) ਗ੍ਰੀਬ	Eaek Mehal Thoon Aapae Aapae Eaek Mehal Gareebaano ||1||	In one person, You are all by Yourself, and in another, You are poor. ||1||	ਇਕ ਸਰੀਰ ਵਿਚ ਤੂੰ ਆਪ ਹੀ ਸਭ ਇਖ਼ਤਿਆਰ ਵਾਲਾ ਹੈਂ ਤੇ ਇਕ ਸਰੀਰ ਵਿਚ ਤੂੰ ਗ਼ਰੀਬ ਕੰਗਾਲ ਹੈਂ ॥੧॥
8924	206	ਏਕ ਮਹਲਿ ਤੂੰ ਪੰਡਿਤੁ ਬਕਤਾ ਏਕ ਮਹਲਿ ਖਲੁ ਹੋਤਾ॥	(ਪੰਡਿਤੁ) ਵਿਦਵਾਨ (ਬਕਤਾ) ਉਪਦੇਸ਼ਕ। (ਖਲੁ) ਮੂਰਖ। ਬਕਤਾਖਲੁ: ਪੋਲੇ ਬੋਲੋ	Eaek Mehal Thoon Panddith Bakathaa Eaek Mehal Khal Hothaa ||	In one person, you are a Pandit, a religious scholar and a preacher, and in another, You are just a fool.	(ਹੇ ਪ੍ਰਭੂ!) ਇਕ (ਮਨੁੱਖਾ) ਸਰੀਰ ਵਿਚ ਤੂੰ ਚੰਗਾ ਬੋਲ ਸਕਣ ਵਾਲਾ ਵਿਦਵਾਨ ਹੈਂ ਤੇ ਇਕ ਸਰੀਰ ਵਿਚ ਤੂੰ ਮੂਰਖ ਬਣਿਆ ਹੋਇਆ ਹੈਂ।

8925	206	ਏਕ ਮਹਲਿ ਤੂੰ ਸਭੁ ਕਿਛੁ ਗ੍ਰਾਹਜੁ ਏਕ ਮਹਲਿ ਕਛੂ ਨ ਲੇਤਾ॥੨॥	(ਗ੍ਰਾਹਜੁ) ਇਕੱਠਾ ਕਰਦਾ	Eaek Mehal Thoon Sabh Kishh Graahaj Eaek Mehal Kashhoo N Laethaa ||2||	In one person, You grab hold of everything, and in another, You accept nothing. ||2||	ਇਕ ਸਰੀਰ ਵਿਚ (ਬੈਠ ਕੇ ਤੂੰ ਗਰੀਬਾਂ, ਕਮਜ਼ੋਰਾਂ ਪਾਸੋਂ) ਸਭ ਕੁਝ (ਖੋਹ ਕੇ ਆਪਣੇ ਪਾਸ) ਇਕੱਠਾ ਕਰਨ ਵਾਲਾ ਹੈਂ, ਤੇ ਇਕ ਸਰੀਰ ਵਿਚ ਤੂੰ (ਵਿਰਕਤ ਬਣ ਕੇ) ਕੋਈ ਚੀਜ਼ ਭੀ ਅੰਗੀਕਾਰ ਨਹੀਂ ਕਰਦਾ ॥੨॥
8926	206	ਕਾਠ ਕੀ ਪੁਤਰੀ ਕਹਾ ਕਰੈ ਬਪੁਰੀ ਖਿਲਾਵਨਹਾਰੋ ਜਾਨੈ॥	ਪੁਤਰੀ:ਪੋਲਾ ਬੋਲੋ। (ਪੁਤਰੀ) ਪੁਤਲੀ। (ਬੱਪੁਰੀ) ਵਿਚਾਰੀ	Kaath Kee Putharee Kehaa Karai Bapuree Khilaavanehaaro Jaanai ||	What can the poor wooden puppet do? The Master Puppeteer knows everything.	(ਪਰ, ਹੇ ਭਾਈ!) ਇਹ ਜੀਵ ਵਿਚਾਰਾ ਕਾਠ ਦੀ ਪੁਤਲੀ ਹੈ, ਇਸ ਨੂੰ ਖਿਡਾਣ ਵਾਲਾ ਪ੍ਰਭੂ ਹੀ ਜਾਣਦਾ ਹੈ ਕਿ ਇਸ ਨੂੰ ਕਿਵੇਂ ਨਚਾ ਰਿਹਾ ਹੈ।
8927	206	ਜੈਸਾ ਭੇਖੁ ਕਰਾਵੈ ਬਾਜੀਗਰੁ ਓਹੁ ਤੈਸੋ ਹੀ ਸਾਜੁ ਆਨੈ॥੩॥	(ਸਾਜੁ) ਬਨਾਵਟ	Jaisaa Bhaekh Karaavai Baajeegar Ouhu Thaiso Hee Saaj Aanai ||3||	As the Puppeteer dresses the puppet, so is the role the puppet plays. ||3||	(ਬਾਜੀ ਖਿਡਾਣ ਵਾਲਾ ਪ੍ਰਭੂ) ਬਾਜੀਗਰ ਜਿਹੋ ਜਿਹਾ ਸਾਂਗ ਰਚਾਂਦਾ ਹੈ, ਉਹ ਜੀਵ ਉਹੋ ਜਿਹਾ ਸਾਂਗ ਰਚਦਾ ਹੈ ॥੩॥
8928	206	ਅਨਿਕ ਕੋਠਰੀ ਬਹੁਤੁ ਭਾਤਿ ਕਰੀਆ ਆਪਿ ਹੋਆ ਰਖਵਾਰਾ॥	(ਕੋਠਰੀ) ਦੇਹਾਂ	Anik Kotharee Bahuth Bhaath Kareeaa Aap Hoaa Rakhavaaraa ||	The Lord has created the various chambers of assorted descriptions, and He Himself protects them.	ਪ੍ਰਭੂ ਨੇ (ਜਗਤ ਵਿਚ ਬੇਅੰਤ ਜੂਨਾਂ ਦੇ ਜੀਵਾਂ ਦੀਆਂ) ਅਨੇਕ (ਸਰੀਰ-) ਕੋਠੜੀਆਂ ਕਈ ਕਿਸਮਾਂ ਦੀਆਂ ਬਣਾ ਦਿੱਤੀਆਂ ਹਨ ਤੇ ਪ੍ਰਭੂ ਆਪ ਹੀ (ਸਭ ਦਾ) ਰਾਖਾ ਬਣਿਆ ਹੋਇਆ ਹੈ।

8929	206	ਜੈਸੇ ਮਹਲਿ ਰਾਖੈ ਤੈਸੈ ਰਹਨਾ ਕਿਆ ਇਹੁ ਕਰੈ ਬਿਚਾਰਾ॥੪॥	ਮਹ-ਲਿ	Jaisae Mehal Raakhai Thaisai Rehanaa Kiaa Eihu Karai Bichaaraa ||4||	As is that vessel in which the Lord places the soul, so does it dwell. What can this poor being do? ||4||	ਇਹ ਵਿਚਾਰਾ ਜੀਵ (ਆਪਣੇ ਆਪ) ਕੁਝ ਭੀ ਕਰਨ ਜੋਗਾ ਨਹੀਂ ਹੈ। ਜਿਹੋ ਜਿਹੇ ਸਰੀਰ ਵਿਚ ਪਰਮਾਤਮਾ ਇਸ ਨੂੰ ਰੱਖਦਾ ਹੈ, ਉਹੋ ਜਿਹੇ ਸਰੀਰ ਵਿਚ ਇਸ ਨੂੰ ਰਹਿਣਾ ਪੈਂਦਾ ਹੈ ॥੪॥
8930	206	ਜਿਨਿ ਕਿਛੁ ਕੀਆ ਸੋਈ ਜਾਨੈ ਜਿਨਿ ਇਹ ਸਭ ਬਿਧਿ ਸਾਜੀ॥	ਬਿਧਿ: ਪੋਲਾ ਬੋਲੋ	Jin Kishh Keeaa Soee Jaanai Jin Eih Sabh Bidhh Saajee ||	The One who created the thing, understands it; He has fashioned all of this.	ਆਖ-ਜਿਸ ਪਰਮਾਤਮਾ ਨੇ ਇਹ ਜਗਤ ਰਚਿਆ ਹੈ, ਜਿਸ ਪਰਮਾਤਮਾ ਨੇ ਇਹ ਸਾਰੀ ਖੇਡ ਬਣਾਈ ਹੈ, ਓਹੀ (ਇਸ ਦੇ ਭੇਦ ਨੂੰ) ਜਾਣਦਾ ਹੈ।
8931	206	ਕਹੁ ਨਾਨਕ ਅਪਰੰਪਰ ਸੁਆਮੀ ਕੀਮਤਿ ਅਪੁਨੈ ਕਾਜੀ॥੫॥੫॥੧੨੬॥	(ਅਪ-ਰੰਪਰ) ਬੇਅੰਤ। (ਕੱਾਜੀ) ਕੰਮਾਂ ਦੀ	Kahu Naanak Aparanpar Suaamee Keemath Apunae Kaajee ||5||5||126||	Says Nanak, the Lord and Master is Infinite; He alone understands the value of His Creation. ||5||5||126||	ਨਾਨਕ ਆਖਦਾ ਹੈ- ਉਹ ਪਰਮਾਤਮਾ ਪਰੇ ਤੋਂ ਪਰੇ ਹੈ, (ਸਾਰੀ ਰਚਨਾ ਦਾ) ਮਾਲਕ ਹੈ, ਤੇ ਉਹ ਆਪਣੇ ਕੰਮਾਂ ਦੀ ਕਦਰ ਆਪ ਹੀ ਜਾਣਦਾ ਹੈ ॥੫॥੫॥੧੨੬॥
8932	206	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8933	206	ਛੋਡਿ ਛੋਡਿ ਰੇ ਬਿਖਿਆ ਕੇ ਰਸੂਆ॥	(ਰਸੂਆ) ਰਸ	Shhodd Shhodd Rae Bikhiaa Kae Rasooaa ||	Give them up - give up the pleasures of corruption;	ਹੇ ਭਾਈ! ਮਾਇਆ ਦੇ ਚਸਕੇ ਛੱਡ ਦੇ ਛੱਡ ਦੇ।

8934	206	ਉਰਝਿ ਰਹਿਓ ਰੇ ਬਾਵਰ ਗਾਵਰ ਜਿਉ ਕਿਰਖੈ ਹਰਿਆਇਓ ਪਸੂਆ॥੧॥ਰਹਾਉ॥	(ਬਾਵਰ) ਕਮਲੇ। (ਗਾਵਰ) ਬੇਸਮਝ। (ਹਰ੍ਿਆਇਓ) ਹਰੀ (ਕਿਰ-ਖੈ) ਖੇਤੀ	Ourajh Rehiou Rae Baavar Gaavar Jio Kirakhai Hariaaeiou Pasooaa ||1|| Rehaao ||	You are entangled in them, you crazy fool, like an animal grazing in the green fields. ||1||Pause||	ਹੇ ਕਮਲੇ ਗੰਵਾਰ! ਤੂੰ (ਇਹਨਾਂ ਚਸਕਿਆਂ ਵਿਚ ਇਉਂ) ਮਸਤ ਪਿਆ ਹੈਂ, ਜਿਵੇਂ ਕੋਈ ਪਸ਼ੂ ਹਰੇ ਖੇਤ ਵਿਚ ਮਸਤ (ਹੁੰਦਾ ਹੈ) ॥੧॥ ਰਹਾਉ ॥
8935	206	ਜੋ ਜਾਨਹਿ ਤੂੰ ਅਪੁਨੈ ਕਾਜੈ ਸੋ ਸੰਗਿ ਨ ਚਾਲੈ ਤੇਰੈ ਤਸੂਆ॥	(ਕੱਾਜੈ) ਕੰਮ ਅਉਣ ਵਾਲੇ। (ਤਸੂਆ) ਥੋੜਾ ਜਿਹਾ	Jo Jaanehi Thoon Apunae Kaajai So Sang N Chaalai Thaerai Thasooaa ||	That which you believe to be of use to you, shall not go even an inch with you.	(ਹੇ ਕਮਲੇ!) ਜਿਸ ਚੀਜ਼ ਨੂੰ ਤੂੰ ਆਪਣੇ ਕੰਮ ਆਉਣ ਵਾਲੀ ਸਮਝਦਾ ਹੈਂ, ਉਹ ਰਤਾ ਭਰ ਭੀ (ਅੰਤ ਵੇਲੇ) ਤੇਰੇ ਨਾਲ ਨਹੀਂ ਜਾਂਦੀ।
8936	206	ਨਾਗੋ ਆਇਓ ਨਾਗ ਸਿਧਾਸੀ ਫੇਰਿ ਫਿਰਿਓ ਅਰੁ ਕਾਲਿ ਗਰਸੂਆ॥੧॥	(ਸਿਧਾਸੀ) ਜਾਵੇਗਾ। (ਗ-ਰਸੂਆ) ਖਾ ਲਿਆ। ਨਾਂਗੋ। ਨਾਂਗ	Naago Aaeiou Naag Sidhhaasee Faer Firiou Ar Kaal Garasooaa ||1||	Naked you came, and naked you shall depart. You shall go round and round the cycle of birth and death, and you shall be food for Death. ||1||	ਤੂੰ (ਜਗਤ ਵਿਚ) ਨੰਗਾ ਆਇਆ ਸੀ (ਇਥੋਂ) ਨੰਗਾ ਹੀ ਚਲਾ ਜਾਏਂਗਾ। ਤੂੰ (ਵਿਅਰਥ ਹੀ ਜੂਨਾਂ ਦੇ) ਗੇੜ ਵਿਚ ਫਿਰ ਰਿਹਾ ਹੈਂ ਅਤੇ ਤੈਨੂੰ ਆਤਮਕ ਮੌਤ ਨੇ ਗ੍ਰਸਿਆ ਹੋਇਆ ਹੈ ॥੧॥

8937	206	ਪੇਖਿ ਪੇਖਿ ਰੇ ਕਸੁੰਭ ਕੀ ਲੀਲਾ ਰਾਚਿ ਮਾਚਿ ਤਿਨਹੂੰ ਲਉ ਹਸੂਆ॥	(ਕਸੁੰਭ) ਕੱਚੇ ਰੰਗ ਵਾਲਾ ਫੁੱਲ। (ਲ਼ੀਲਾ) ਖੇਡ। ਹੱਸੂਆ	Paekh Paekh Rae Kasunbh Kee Leelaa Raach Maach Thinehoon Lo Hasooaa ||	Watching, watching the transitory dramas of the world, you are embroiled and enmeshed in them, and you laugh with delight.	(ਹੇ ਕਮਲੇ!) (ਇਹ ਮਾਇਆ ਦੀ ਖੇਡ) ਕਸੁੰਭੇ ਦੀ ਖੇਡ (ਹੈ, ਇਸ ਨੂੰ) ਵੇਖ ਵੇਖ ਕੇ ਤੂੰ ਇਸ ਵਿਚ ਮਸਤ ਹੋ ਰਿਹਾ ਹੈਂ ਤੇ ਇਹਨਾਂ ਪਦਾਰਥਾਂ ਨਾਲ ਖ਼ੁਸ਼ ਹੋ ਰਿਹਾ ਹੈਂ।
8938	206	ਛੀਜਤ ਡੋਰਿ ਦਿਨਸੁ ਅਰੁ ਰੈਨੀ ਜੀਅ ਕੋ ਕਾਜੁ ਨ ਕੀਨੋ ਕਛੂਆ॥੨॥	(ਛੀਜਤ) ਛਿੱਜਦੀ ਕਮਜ਼ੋਰ ਹੁੰਦੀ	Shheejath Ddor Dhinas Ar Rainee Jeea Ko Kaaj N Keeno Kashhooaa ||2||	The string of life is wearing thin, day and night, and you have done nothing for your soul. ||2||	ਦਿਨ ਰਾਤ ਤੇਰੀ ਉਮਰ ਦੀ ਡੋਰੀ ਕਮਜ਼ੋਰ ਹੁੰਦੀ ਜਾ ਰਹੀ ਹੈ। ਤੂੰ ਆਪਣੀ ਜਿੰਦ ਦੇ ਕੰਮ ਆਉਣ ਵਾਲਾ ਕੋਈ ਭੀ ਕੰਮ ਨਹੀਂ ਕੀਤਾ ॥੨॥
8939	206	ਕਰਤ ਕਰਤ ਇਵ ਹੀ ਬਿਰਧਾਨੋ ਹਾਰਿਓ ਉਕਤੇ ਤਨੁ ਖੀਨਸੂਆ॥	(ਬਿਰਧਾਨੋ) ਬਿਰਧ। (ਉਕਤੇ) ਬੋਲਣੋ ਭੀ ਹਾਰ ਗਿਆ। ਸ੍ਰੀਰ ਦਾ ਬਲ (ਖੀ-ਨਸੂਆ) ਨਾਸ ਹੋਗਿਆ	Karath Karath Eiv Hee Biradhhaano Haariou Oukathae Than Kheenasooaa ||	Doing your deeds, you have grown old; your voice fails you, and your body has become weak.	(ਮਾਇਆ ਦੇ ਧੰਧੇ) ਕਰ ਕਰ ਕੇ ਇਉਂ ਹੀ ਮਨੁੱਖ ਬੁੱਢਾ ਹੋ ਜਾਂਦਾ ਹੈ, ਅਕਲ ਕੰਮ ਕਰਨੋਂ ਰਹਿ ਜਾਂਦੀ ਹੈ, ਤੇ ਸਰੀਰ ਲਿੱਸਾ ਹੋ ਜਾਂਦਾ ਹੈ।
8940	206	ਜਿਉ ਮੋਹਿਓ ਉਨਿ ਮੋਹਨੀ ਬਾਲਾ ਉਸ ਤੇ ਘਟੈ ਨਾਹੀ ਰੁਚ ਚਸੂਆ॥੩॥	(ਮੋਹਨੀ) ਮੋਹਣ ਵਾਲੀ (ਬਾਲਾ) ਮਾਇਆ ਇਸਤ੍ਰੀ। (ਰੁਚ) ਪ੍ਰੀਤੀ। (ਚੱਸੂਆ) ਥੋੜਾ ਵੀ। ਘਟੈ: ਪੋਲਾ ਬੋਲੋ। ਚੱਸੂਆ	Jio Mohiou Oun Mohanee Baalaa Ous Thae Ghattai Naahee Ruch Chasooaa ||3||	You were enticed by Maya in your youth, and your attachment for it has not diminished, one little bit. ||3||	ਜਿਵੇਂ (ਜਵਾਨੀ ਵੇਲੇ) ਉਸ ਮੋਹਣ ਵਾਲੀ ਮਾਇਆ ਨੇ ਇਸ ਨੂੰ ਆਪਣੇ ਮੋਹ ਵਿਚ ਫਸਾਇਆ ਸੀ, ਉਸ ਵਲੋਂ ਇਸ ਦੀ ਪ੍ਰੀਤਿ ਰਤਾ ਭੀ ਨਹੀਂ ਘਟਦੀ ॥੩॥

8941	206	ਜਗੁ ਐਸਾ ਮੋਹਿ ਗੁਰਹਿ ਦਿਖਾਇਓ ਤਉ ਸਰਣਿ ਪਰਿਓ ਤਜਿ ਗਰਬਸੂਆ॥	(ਗਰ-ਬਸੂਆ) ਹੰਕਾਰ ਈਰਖਾ	Jag Aisaa Mohi Gurehi Dhikhaaeiou Tho Saran Pariou Thaj Garabasooaa ||	The Guru has shown me that this is the way of the world; I have abandoned the dwelling of pride, and entered Your Sanctuary.	ਆਖ-ਮੈਨੂੰ ਗੁਰੂ ਨੇ ਵਿਖਾ ਦਿੱਤਾ ਹੈ ਕਿ ਜਗਤ (ਦਾ ਮੋਹ) ਇਹੋ ਜਿਹਾ ਹੈ। ਤਦ ਮੈਂ (ਜਗਤ ਦਾ) ਮਾਣ ਛੱਡ ਕੇ (ਗੁਰੂ ਦੀ) ਸਰਨ ਪਿਆ ਹਾਂ।
8942	206	ਮਾਰਗੁ ਪ੍ਰਭ ਕੋ ਸੰਤਿ ਬਤਾਇਓ ਦ੍ਰਿੜੀ ਨਾਨਕ ਦਾਸ ਭਗਤਿ ਹਰਿ ਜਸੂਆ॥੪॥੬॥੧੨੭॥	ਜਸੂਆ:ਪੋਲਾ ਬੋਲੋ। (ਜਸੂਆ) ਜਸ	Maarag Prabh Ko Santh Bathaaeiou Dhrirree Naanak Dhaas Bhagath Har Jasooaa ||4||6||127||	The Saint has shown me the Path of God; slave Nanak has implanted devotional worship and the Praise of the Lord. ||4||6||127||	ਹੇ ਦਾਸ ਨਾਨਕ! ਗੁਰੂ-ਸੰਤ ਨੇ ਮੈਨੂੰ ਪਰਮਾਤਮਾ ਦੇ ਮਿਲਣ ਦਾ ਰਾਹ ਦੱਸ ਦਿੱਤਾ ਹੈ ਤੇ ਮੈਂ ਪਰਮਾਤਮਾ ਦੀ ਭਗਤੀ ਪਰਮਾਤਮਾ ਦੀ ਸਿਫ਼ਤ-ਸਾਲਾਹ ਆਪਣੇ ਹਿਰਦੇ ਵਿਚ ਪੱਕੀ ਕਰ ਲਈ ਹੈ ॥੪॥੬॥੧੨੭॥
8943	206	ਗਉੜੀ੪ ਮਹਲਾ ੫॥	ਗਉੜੀ: ੜ ਪੈਰ ਚ ਲਿਖਿਆ ੪ ਨਹੀਂ ਪੜ੍ਹਨਾ, ਉਹ ਰਾਗ ਗਉੜੀ ਦੀ ਕਿਸਮ ਦਾ ਪ੍ਰਤੀਕ ਹੈ	Gourree Mehalaa 5 ||	Gauree, Fifth Mehl:	
8944	206	ਤੁਝ ਬਿਨੁ ਕਵਨੁ ਹਮਾਰਾ॥		Thujh Bin Kavan Hamaaraa ||	Except for You, who is mine?	ਤੈਥੋਂ ਬਿਨਾ ਸਾਡਾ ਹੋਰ ਕੌਣ (ਸਹਾਰਾ) ਹੈ?

8945	206	ਮੇਰੇ ਪ੍ਰੀਤਮ ਪ੍ਰਾਨ ਅਧਾਰਾ॥੧॥ਰਹਾਉ ॥		Maerae Preetham Praan Adhhaaraa ||1|| Rehaao ||	O my Beloved, You are the Support of the breath of life. ||1||Pause||	ਹੇ ਮੇਰੇ ਪ੍ਰੀਤਮ ਪ੍ਰਭੂ! ਹੇ ਮੇਰੀ ਜਿੰਦ ਦੇ ਆਸਰੇ ਪ੍ਰਭੂ! ॥੧॥ ਰਹਾਉ ॥
8946	206	ਅੰਤਰ ਕੀ ਬਿਧਿ ਤੁਮ ਹੀ ਜਾਨੀ ਤੁਮ ਹੀ ਸਜਨ ਸੁਹੇਲੇ॥	(ਸੁਹੇਲੇ) ਸੁਖਦਾਇਕ। ਸੱਜਨ	Anthar Kee Bidhh Thum Hee Jaanee Thum Hee Sajan Suhaelae ||	You alone know the condition of my inner being. You are my Beautiful Friend.	ਮੇਰੇ ਦਿਲ ਦੀ ਹਾਲਤ ਤੂੰ ਹੀ ਜਾਣਦਾ ਹੈਂ, ਤੂੰ ਹੀ ਮੇਰਾ ਸੱਜਣ ਹੈਂ; ਤੂੰ ਹੀ ਮੈਨੂੰ ਸੁਖ ਦੇਣ ਵਾਲਾ ਹੈਂ।
8947	206	ਸਰਬ ਸੁਖਾ ਮੈ ਤੁਝ ਤੇ ਪਾਏ ਮੇਰੇ ਠਾਕੁਰ ਅਗਹ ਅਤੋਲੇ॥੧॥	(ਅਗਹ) (ਅ) ਵਿਸ਼ੇਸ਼ ਕਰਕੇ ਸਾਰਿਆਂ ਨੂੰ ਅਪਣੇ ਸੱਚੇ ਅਜਪਾ ਜਾਪ ਨਿਰਗੁਣ ਸਰੂਪ ਚ (ਗਹ) ਪਕੜ ਕੇ ਹੁਣ ਸੰਭਾਲ ਰਹੇ ਹਨ	Sarab Sukhaa Mai Thujh Thae Paaeae Maerae Thaakur Ageh Atholae ||1||	I receive all comforts from You, O my Unfathomable and Immeasurable Lord and Master. ||1||	ਹੇ ਮੇਰੇ ਅਥਾਹ ਤੇ ਅਡੋਲ ਠਾਕੁਰ! ਸਾਰੇ ਸੁਖ ਮੈਂ ਤੈਥੋਂ ਹੀ ਲੱਭੇ ਹਨ ॥੧॥
8948	207	ਬਰਨਿ ਨ ਸਾਕਉ ਤੁਮਰੇ ਰੰਗਾ ਗੁਣ ਨਿਧਾਨ ਸੁਖਦਾਤੇ॥	(ਬਰਨਿ) ਬਿਆਨ	Baran N Saako Thumarae Rangaa Gun Nidhhaan Sukhadhaathae ||	I cannot describe Your Manifestations, O Treasure of Excellence, O Giver of peace.	ਹੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ! ਹੇ ਸੁਖ ਦੇਣ ਵਾਲੇ ਪ੍ਰਭੂ! ਮੈਂ ਤੇਰੇ ਗੁਣ ਬਿਆਨ ਨਹੀਂ ਕਰ ਸਕਦਾ।
8949	207	ਅਗਮ ਅਗੋਚਰ ਪ੍ਰਭ ਅਬਿਨਾਸੀ ਪੂਰੇ ਗੁਰ ਤੇ ਜਾਤੇ॥੨॥	(ਜਾਤੇ) ਜਾਣੇ	Agam Agochar Prabh Abinaasee Poorae Gur Thae Jaathae ||2||	God is Inaccessible, Incomprehensible and Imperishable; He is known through the Perfect Guru. ||2||	ਹੇ ਅਪਹੁੰਚ ਪ੍ਰਭੂ! ਹੇ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਪ੍ਰਭੂ! ਹੇ ਅਬਿਨਾਸੀ ਪ੍ਰਭੂ! ਪੂਰੇ ਗੁਰੂ ਦੀ ਰਾਹੀਂ ਹੀ ਤੇਰੇ ਨਾਲ ਡੂੰਘੀ ਸਾਂਝ ਪੈ ਸਕਦੀ ਹੈ ॥੨॥

8950	207	ਭ੍ਰਮੁ ਭਉ ਕਾਟਿ ਕੀਏ ਨਿਹਕੇਵਲ ਜਬ ਤੇ ਹਉਮੈ ਮਾਰੀ॥	(ਨਿਹਕੇਵਲ) ਨਿਰਮਲ	Bhram Bho Kaatt Keeeae Nihakaeval Jab Thae Houmai Maaree ||	My doubt and fear have been taken away, and I have been made pure, since my ego was conquered.	(ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ ਉਹ ਗੁਰੂ ਦੀ ਸਰਨ ਪੈ ਕੇ) ਜਦੋਂ ਤੋਂ (ਆਪਣੇ ਅੰਦਰੋਂ ਹਉਮੈ ਦੂਰ ਕਰਦੇ ਹਨ, ਗੁਰੂ ਉਹਨਾਂ ਦੀ ਭਟਕਣਾ ਤੇ ਡਰ ਦੂਰ ਕਰ ਕੇ ਉਹਨਾਂ ਨੂੰ ਪਵਿਤ੍ਰ ਜੀਵਨ ਵਾਲਾ ਬਣਾ ਦੇਂਦਾ ਹੈ।
8951	207	ਜਨਮ ਮਰਣ ਕੋ ਚੂਕੋ ਸਹਸਾ ਸਾਧਸੰਗਤਿ ਦਰਸਾਰੀ॥੩॥	(ਦਰਸਾਰੀ) ਦਰਸ਼ਨ ਨਾਲ	Janam Maran Ko Chooko Sehasaa Saadhhasangath Dharasaaree ||3||	My fear of birth and death has been abolished, beholding Your Blessed Vision in the Saadh Sangat, the Company of the Holy. ||3||	ਸਾਧ ਸੰਗਤਿ ਵਿਚ (ਗੁਰੂ ਦੇ) ਦਰਸਨ ਦੀ ਬਰਕਤਿ ਨਾਲ ਉਹਨਾਂ ਦੇ ਜਨਮ ਮਰਨ ਦੇ ਗੇੜ ਦਾ ਸਹਮ ਮੁੱਕ ਜਾਂਦਾ ਹੈ ॥੩॥
8952	207	ਚਰਣ ਪਖਾਰਿ ਕਰਉ ਗੁਰ ਸੇਵਾ ਬਾਰਿ ਜਾਉ ਲਖ ਬਰੀਆ॥	(ਪਖਾਰਿ) ਧੋ ਕੇ। ਲੱਖ	Charan Pakhaar Karo Gur Saevaa Baar Jaao Lakh Bareeaa ||	I wash the Guru's Feet and serve Him; I am a sacrifice to Him, 100,000 times.	ਮੈਂ (ਗੁਰੂ ਦੇ) ਚਰਨ ਧੋ ਕੇ ਗੁਰੂ ਦੀ ਸੇਵਾ ਕਰਦਾ ਹਾਂ, ਮੈਂ (ਗੁਰੂ ਤੋਂ) ਲੱਖਾਂ ਵਾਰੀ ਕੁਰਬਾਨ ਜਾਂਦਾ ਹਾਂ,

8953	207	ਜਿਹ ਪ੍ਰਸਾਦਿ ਇਹੁ ਭਉਜਲੁ ਤਰਿਆ ਜਨ ਨਾਨਕ ਪ੍ਰਿਅ ਸੰਗਿ ਮਿਰੀਆ॥੪॥੭॥੧੨੮॥	(ਪ੍ਰਿਅ) ਪਿਆਰੇ। (ਮਿਰੀਆ) ਮਿਲ ਗਏ ਹਾਂ	Jih Prasaadh Eihu Bhoujal Thariaa Jan Naanak Pria Sang Mireeaa ||4||7||128||	By His Grace, servant Nanak has crossed over this terrifying world-ocean; I am united with my Beloved. ||4||7||128||	ਹੇ ਦਾਸ ਨਾਨਕ! (ਆਖ-) ਕਿਉਂਕਿ ਉਸ (ਗੁਰੂ) ਦੀ ਕਿਰਪਾ ਨਾਲ ਹੀ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ ਤੇ ਪ੍ਰੀਤਮ ਪ੍ਰਭੂ (ਦੇ ਚਰਨਾਂ) ਵਿਚ ਜੁੜ ਸਕੀਦਾ ਹੈ ॥੪॥੭॥੧੨੮॥
8954	207	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8955	207	ਤੁਝ ਬਿਨੁ ਕਵਨੁ ਰੀਝਾਵੈ ਤੋਹੀ॥	(ਰੀਝਾਵੈ) ਖੁਸ਼ ਕਰੇ	Thujh Bin Kavan Reejhaavai Thohee ||	Who can please You, except You Yourself?	ਹੇ ਪ੍ਰਭੂ! ਤੇਰਾ (ਸੋਹਣਾ ਸਰਬ-ਵਿਆਪਕ) ਰੂਪ ਵੇਖ ਕੇ ਸਾਰੀ ਲੁਕਾਈ ਮਸਤ ਹੋ ਜਾਂਦੀ ਹੈ।
8956	207	ਤੇਰੋ ਰੂਪੁ ਸਗਲ ਦੇਖਿ ਮੋਹੀ॥੧॥ਰਹਾਉ॥		Thaero Roop Sagal Dhaekh Mohee ||1|| Rehaao ||	Gazing upon Your Beauteous Form, all are entranced. ||1||Pause||	ਤੇਰੀ ਮਿਹਰ ਤੋਂ ਬਿਨਾ ਤੈਨੂੰ ਕੋਈ ਜੀਵ ਪ੍ਰਸੰਨ ਨਹੀਂ ਕਰ ਸਕਦਾ ॥੧॥ ਰਹਾਉ ॥

8957	207	ਸੁਰਗ ਪਇਆਲ ਮਿਰਤ ਭੂਅ ਮੰਡਲ ਸਰਬ ਸਮਾਨੋ ਏਕੈ ਓਹੀ॥	(ਪ-ਇਆਲ) ਪਾਤਾਲ। (ਮਿਰਤ) ਪ੍ਰਿਥਵੀ। ਕੋਟਿ (ਭੂਅ) ਧਰਤੀਆਂ ਦੇ (ਮੰਡਲ) ਬ੍ਰਹਮੰਡਾਂ ਦੀ ਰਚਨਾ	Surag Paeiaal Mirath Bhooa Manddal Sarab Samaano Eaekai Ouhee ||	In the heavenly paradise, in the nether regions of the underworld, on the planet earth and throughout the galaxies, the One Lord is pervading everywhere.	(ਹੇ ਭਾਈ!) ਸੁਰਗ-ਲੋਕ, ਪਾਤਾਲ-ਲੋਕ, ਮਾਤ-ਲੋਕ ਸਾਰਾ ਬ੍ਰਹਮੰਡ, ਸਭਨਾਂ ਵਿਚ ਇਕ ਉਹ ਪਰਮਾਤਮਾ ਹੀ ਸਮਾਇਆ ਹੋਇਆ ਹੈ।
8958	207	ਸਿਵ ਸਿਵ ਕਰਤ ਸਗਲ ਕਰ ਜੋਰਹਿ ਸਰਬ ਮਇਆ ਠਾਕੁਰ ਤੇਰੀ ਦੋਹੀ॥੧॥	(ਸਿਵ) ਹੇ ਕਲਿਆਣ ਸਰੂਪ। (ਕਰ) ਹੱਥ। (ਮਇਆ) ਦਇਆ। (ਦੋਹੀ) ਸਹਾਇਤਾ ਲਈ ਪੁਕਾਰ	Siv Siv Karath Sagal Kar Jorehi Sarab Maeiaa Thaakur Thaeree Dhohee ||1||	Everyone calls upon You with their palms pressed together, saying, ""Shiva, Shiva"". O Merciful Lord and Master, everyone cries out for Your Help. ||1||	ਹੇ ਸਭ ਉਤੇ ਦਇਆ ਕਰਨ ਵਾਲੇ ਸਭ ਦੇ ਠਾਕੁਰ! ਸਾਰੇ ਜੀਵ ਤੈਨੂੰ 'ਸੁਖਾਂ ਦਾ ਦਾਤਾ' ਆਖ ਆਖ ਕੇ (ਤੇਰੇ ਅੱਗੇ) ਦੋਵੇਂ ਹੱਥ ਜੋੜਦੇ ਹਨ, ਤੇ ਤੇਰੇ ਦਰ ਤੇ ਹੀ ਸਹਾਇਤਾ ਲਈ ਪੁਕਾਰ ਕਰਦੇ ਹਨ ॥੧॥
8959	207	ਪਤਿਤ ਪਾਵਨ ਠਾਕੁਰ ਨਾਮੁ ਤੁਮਰਾ ਸੁਖਦਾਈ ਨਿਰਮਲ ਸੀਤਲੋਹੀ॥	(ਸੀਤ-ਲੋਹੀ) ਸ਼ਾਂਤੀ ਸਰੂਪ	Pathith Paavan Thaakur Naam Thumaraa Sukhadhaaee Niramal Seethalohee ||	Your Name, O Lord and Master, is the Purifier of sinners, the Giver of peace, immaculate, cooling and soothing.	ਹੇ ਠਾਕੁਰ! ਤੇਰਾ ਨਾਮ ਹੈ 'ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਪਵਿਤ੍ਰ ਕਰਨ ਵਾਲਾ'। ਤੂੰ ਸਭ ਨੂੰ ਸੁਖ ਦੇਣ ਵਾਲਾ ਹੈਂ, ਤੂੰ ਪਵਿੱਤਰ ਹਸਤੀ ਵਾਲਾ ਹੈਂ, ਤੂੰ ਸ਼ਾਂਤੀ-ਸਰੂਪ ਹੈਂ।

8960	207	ਗਿਆਨ ਧਿਆਨ ਨਾਨਕ ਵਡਿਆਈ ਸੰਤ ਤੇਰੇ ਸਿਉ ਗਾਲ ਗਲੋਹੀ॥੨॥੮॥੧੨੯॥	(ਸਿਉ) ਨਾਲ (ਗਾਲ ਗਲੋਹੀ) ਗੱਲ ਬਾਤ	Giaan Dhhiaan Naanak Vaddiaaee Santh Thaerae Sio Gaal Galohee ||2||8||129||	O Nanak, spiritual wisdom, meditation and glorious greatness come from dialogue and discourse with Your Saints. ||2||8||129||	ਹੇ ਨਾਨਕ! (ਆਖ-ਹੇ ਪ੍ਰਭੂ!) ਤੇਰੇ ਸੰਤ ਜਨਾਂ ਨਾਲ ਤੇਰੀ ਸਿਫ਼ਤ-ਸਾਲਾਹ ਦੀਆਂ ਗੱਲਾਂ ਹੀ (ਤੇਰੇ ਸੇਵਕਾਂ ਵਾਸਤੇ) ਗਿਆਨ-ਚਰਚਾ ਹੈ, ਸਮਾਧੀਆਂ ਹੈ, (ਲੋਕ ਪਰਲੋਕ ਦੀ) ਇੱਜ਼ਤ ਹੈ ॥੨॥੮॥੧੨੯॥
8961	207	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8962	207	ਮਿਲਹੁ ਪਿਆਰੇ ਜੀਆ॥		Milahu Piaarae Jeeaa ||	Meet with me, O my Dear Beloved.	ਹੇ ਸਭ ਜੀਵਾਂ ਨਾਲ ਪਿਆਰ ਕਰਨ ਵਾਲੇ ਪ੍ਰਭੂ! ਮੈਨੂੰ ਮਿਲ।
8963	207	ਪ੍ਰਭ ਕੀਆ ਤੁਮਾਰਾ ਥੀਆ॥੧॥ਰਹਾਉ॥	(ਥੀਆ) ਹੋਇਆ ਤੇ ਹੋ ਰਿਹਾ	Prabh Keeaa Thumaaraa Thheeaa ||1|| Rehaao ||	O God, whatever You do - that alone happens. ||1||Pause||	ਹੇ ਪ੍ਰਭੂ! (ਜਗਤ ਵਿਚ) ਤੇਰਾ ਕੀਤਾ ਹੀ ਵਰਤ ਰਿਹਾ ਹੈ (ਉਹੀ ਹੁੰਦਾ ਹੈ ਜੋ ਤੂੰ ਕਰਦਾ ਹੈਂ) ॥੧॥ ਰਹਾਉ ॥
8964	207	ਅਨਿਕ ਜਨਮ ਬਹੁ ਜੋਨੀ ਭ੍ਰਮਿਆ ਬਹੁਰਿ ਬਹੁਰਿ ਦੁਖੁ ਪਾਇਆ॥		Anik Janam Bahu Jonee Bhramiaa Bahur Bahur Dhukh Paaeiaa ||	Wandering around through countless incarnations, I endured pain and suffering in so many lives, over and over again.	ਹੇ ਪ੍ਰਭੂ ਪਾਤਿਸ਼ਾਹ! (ਮਾਇਆ-ਗ੍ਰਸਿਆ ਜੀਵ) ਅਨੇਕਾਂ ਜਨਮਾਂ ਵਿਚ ਬਹੁਤ ਜੂਨੀਆਂ ਵਿਚ ਭਟਕਦਾ ਚਲਿਆ ਆਉਂਦਾ ਹੈ, (ਜਨਮ ਮਰਨ ਦਾ) ਦੁੱਖ ਮੁੜ ਮੁੜ ਸਹਾਰਦਾ ਹੈ।

8965	207	ਤੁਮਰੀ ਕ੍ਰਿਪਾ ਤੇ ਮਾਨੁਖ ਦੇਹ ਪਾਈ ਹੈ ਦੇਹੁ ਦਰਸੁ ਹਰਿ ਰਾਇਆ॥੧॥		Thumaree Kirapaa Thae Maanukh Dhaeh Paaee Hai Dhaehu Dharas Har Raaeiaa ||1||	By Your Grace, I obtained this human body; grant me the Blessed Vision of Your Darshan, O Sovereign Lord King. ||1||	ਤੇਰੀ ਮਿਹਰ ਨਾਲ (ਇਸ ਨੇ ਹੁਣ) ਮਨੁੱਖਾ ਸਰੀਰ ਪ੍ਰਾਪਤ ਕੀਤਾ ਹੈ (ਇਸ ਨੂੰ ਆਪਣਾ) ਦਰਸਨ ਦੇਹ (ਤੇ ਇਸ ਦੀ ਵਿਕਾਰਾਂ ਵਲੋਂ ਰੱਖਿਆ ਕਰ) ॥੧॥
8966	207	ਸੋਈ ਹੋਆ ਜੋ ਤਿਸੁ ਭਾਣਾ ਅਵਰੁ ਨ ਕਿਨਹੀ ਕੀਤਾ॥		Soee Hoaa Jo This Bhaanaa Avar N Kin Hee Keethaa ||	That which pleases His Will has come to pass; no one else can do anything.	ਹੇ ਭਾਈ! ਜਗਤ ਵਿਚ ਉਹੀ ਕੁਝ ਬੀਤਦਾ ਹੈ, ਜੋ ਉਸ ਪਰਮਾਤਮਾ ਨੂੰ ਪਸੰਦ ਆਉਂਦਾ ਹੈ। ਕੋਈ ਹੋਰ ਜੀਵ (ਉਸ ਦੀ ਰਜ਼ਾ ਦੇ ਉਲਟ ਕੁਝ) ਨਹੀਂ ਕਰ ਸਕਦਾ।
8967	207	ਤੁਮਰੈ ਭਾਣੈ ਭਰਮਿ ਮੋਹਿ ਮੋਹਿਆ ਜਾਗਤੁ ਨਾਹੀ ਸੂਤਾ॥੨॥		Thumarai Bhaanai Bharam Mohi Mohiaa Jaagath Naahee Soothaa ||2||	By Your Will, enticed by the illusion of emotional attachment, the people are asleep; they do not wake up. ||2||	ਹੇ ਪ੍ਰਭੂ! ਜੀਵ ਤੇਰੀ ਰਜ਼ਾ ਅਨੁਸਾਰ ਹੀ ਮਾਇਆ ਦੀ ਭਟਕਣਾ ਵਿਚ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ, ਸਦਾ ਮੋਹ ਵਿਚ ਸੁੱਤਾ ਰਹਿੰਦਾ ਹੈ ਤੇ ਇਸ ਨੀਂਦ ਵਿਚੋਂ ਸੁਚੇਤ ਨਹੀਂ ਹੁੰਦਾ ॥੨॥
8968	207	ਬਿਨਉ ਸੁਨਹੁ ਤੁਮ ਪ੍ਰਾਨਪਤਿ ਪਿਆਰੇ ਕਿਰਪਾਨਿਧਿ ਦਇਆਲਾ॥	(ਬਿਨਉ) ਬੇਨਤੀ। (ਪ੍ਰਾਨਪਤਿ) ਪ੍ਰਾਣਾਂ ਦੇ ਪਤੀ ਮਾਲਕ	Bino Sunahu Thum Praanapath Piaarae Kirapaa Nidhh Dhaeiaalaa ||	Please hear my prayer, O Lord of Life, O Beloved, Ocean of mercy and compassion.	ਹੇ ਮੇਰੀ ਜਿੰਦ ਦੇ ਪਤੀ! ਹੇ ਪਿਆਰੇ ਪ੍ਰਭੂ! ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਹੇ ਦਇਅਲ ਪ੍ਰਭੂ! ਤੂੰ (ਮੇਰੀ) ਬੇਨਤੀ ਸੁਣ।

8969	207	ਰਾਖਿ ਲੇਹੁ ਪਿਤਾ ਪ੍ਰਭ ਮੇਰੇ ਅਨਾਥਹ ਕਰਿ ਪ੍ਰਤਿਪਾਲਾ॥੩॥		Raakh Laehu Pithaa Prabh Maerae Anaathheh Kar Prathipaalaa ||3||	Save me, O my Father God. I am an orphan - please, cherish me! ||3||	ਹੇ ਮੇਰੇ ਪਿਤਾ-ਪ੍ਰਭੂ! ਅਨਾਥ ਜੀਵਾਂ ਦੀ ਪਾਲਣਾ ਕਰ (ਇਹਨਾਂ ਨੂੰ ਵਿਕਾਰਾਂ ਦੇ ਹੱਲਿਆਂ ਤੋਂ) ਬਚਾ ਲੈ ॥੩॥
8970	207	ਜਿਸ ਨੋ ਤੁਮਹਿ ਦਿਖਾਇਓ ਦਰਸਨੁ ਸਾਧਸੰਗਤਿ ਕੈ ਪਾਛੈ॥	(ਪਾਛੈ) ਸਦਕੇ	Jis No Thumehi Dhikhaaeiou Dharasan Saadhhasangath Kai Paashhai ||	You reveal the Blessed Vision of Your Darshan, for the sake of the Saadh Sangat, the Company of the Holy.	ਹੇ ਪ੍ਰਭੂ! ਜਿਸ ਭੀ ਮਨੁੱਖ ਨੂੰ ਤੂੰ ਆਪਣਾ ਦਰਸਨ ਦਿੱਤਾ ਹੈ, ਸਾਧ ਸੰਗਤਿ ਦੇ ਆਸਰੇ ਰੱਖ ਕੇ ਦਿੱਤਾ ਹੈ।
8971	207	ਕਰਿ ਕਿਰਪਾ ਧੂਰਿ ਦੇਹੁ ਸੰਤਨ ਕੀ ਸੁਖੁ ਨਾਨਕੁ ਇਹੁ ਬਾਛੈ॥੪॥੯॥੧੩੦॥	(ਬਾਛੈ) ਮੰਗਦਾ	Kar Kirapaa Dhhoor Dhaehu Santhan Kee Sukh Naanak Eihu Baashhai ||4||9||130||	Grant Your Grace, and bless us with the dust of the feet of the Saints; Nanak yearns for this peace. ||4||9||130||	(ਹੇ ਪ੍ਰਭੂ! ਤੇਰਾ ਦਾਸ) ਨਾਨਕ (ਤੇਰੇ ਦਰ ਤੋਂ) ਇਹ ਸੁਖ ਮੰਗਦਾ ਹੈ ਕਿ ਮੈਨੂੰ ਨਾਨਕ ਨੂੰ ਭੀ ਆਪਣੇ ਸੰਤ ਜਨਾਂ ਦੇ ਚਰਨਾਂ ਦੇ ਧੂੜ ਬਖ਼ਸ਼ ॥੪॥੯॥੧੩੦॥
8972	207	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8973	207	ਹਉ ਤਾ ਕੈ ਬਲਿਹਾਰੀ॥		Ho Thaa Kai Balihaaree ||	I am a sacrifice to those	(ਹੇ ਭਾਈ!) ਮੈਂ ਉਹਨਾਂ (ਸੰਤ ਜਨਾਂ) ਤੋਂ ਸਦਕੇ ਜਾਂਦਾ ਹਾਂ,

8974	207	ਜਾ ਕੈ ਕੇਵਲ ਨਾਮੁ ਅਧਾਰੀ॥੧॥ਰਹਾਉ ॥	(ਅਧਾਰੀ) ਆਸਰਾ	Jaa Kai Kaeval Naam Adhhaaree ||1|| Rehaao ||	Who take the Support of the Naam. ||1||Pause||	ਜਿਨ੍ਹਾਂ ਦੇ ਹਿਰਦੇ ਵਿਚ ਸਿਰਫ਼ ਪਰਮਾਤਮਾ ਦਾ ਨਾਮ (ਹੀ ਜ਼ਿੰਦਗੀ ਦਾ) ਆਸਰਾ ਹੈ ॥੧॥ ਰਹਾਉ ॥
8975	207	ਮਹਿਮਾ ਤਾ ਕੀ ਕੇਤਕ ਗਨੀਐ ਜਨ ਪਾਰਬ੍ਰਹਮ ਰੰਗਿ ਰਾਤੇ॥	(ਮਹਿਮਾ) ਸੋਭਾ। (ਕੇਤਕ) ਕਿੰਨੀ ਕੁ	Mehimaa Thaa Kee Kaethak Ganeeai Jan Paarabreham Rang Raathae ||	How can I recount the praises of those humble beings who are attuned to the Love of the Supreme Lord God?	(ਹੇ ਭਾਈ!) ਸੰਤ ਜਨ ਪਰਮਾਤਮਾ ਦੇ ਪਿਆਰ-ਰੰਗ ਵਿਚ ਰੰਗੇ ਰਹਿੰਦੇ ਹਨ, ਉਹਨਾਂ ਦੀ ਆਤਮਕ ਵਡੱਪਣ ਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ।
8976	207	ਸੂਖ ਸਹਜ ਆਨੰਦ ਤਿਨਾ ਸੰਗਿ ਉਨ ਸਮਸਰਿ ਅਵਰ ਨ ਦਾਤੇ॥੧॥	(ਸਮਸਰਿ) ਬਰਾਬਰ	Sookh Sehaj Aanandh Thinaa Sang Oun Samasar Avar N Dhaathae ||1||	Peace, intuitive poise and bliss are with them. There are no other givers equal to them. ||1||	ਉਹਨਾਂ ਦੀ ਸੰਗਤਿ ਵਿਚ ਰਿਹਾਂ ਆਤਮਕ ਅਡੋਲਤਾ ਦੇ ਸੁਖ ਆਨੰਦ ਪ੍ਰਾਪਤ ਹੁੰਦੇ ਹਨ, ਉਹਨਾਂ ਦੇ ਬਰਾਬਰ ਦੇ ਹੋਰ ਕੋਈ ਦਾਨੀ ਨਹੀਂ ਹੋ ਸਕਦੇ ॥੧॥
8977	207	ਜਗਤ ਉਧਾਰਣ ਸੇਈ ਆਏ ਜੋ ਜਨ ਦਰਸ ਪਿਆਸਾ॥	ਜੱਗ-ਤ	Jagath Oudhhaaran Saeee Aaeae Jo Jan Dharas Piaasaa ||	They have come to save the world - those humble beings who thirst for His Blessed Vision.	(ਹੇ ਭਾਈ!) ਜਿਨ੍ਹਾਂ (ਸੰਤ) ਜਨਾਂ ਨੂੰ ਆਪ ਪਰਮਾਤਮਾ ਦੀ ਤਾਂਘ ਲੱਗੀ ਰਹੇ, ਉਹੀ ਜਗਤ ਦੇ ਜੀਵਾਂ ਨੂੰ ਵਿਕਾਰਾਂ ਤੋਂ ਬਚਾਣ ਆਏ ਸਮਝੋ।

8978	207	ਉਨ ਕੀ ਸਰਣਿ ਪਰੈ ਸੋ ਤਰਿਆ ਸੰਤਸੰਗਿ ਪੂਰਨ ਆਸਾ॥੨॥		Oun Kee Saran Parai So Thariaa Santhasang Pooran Aasaa ||2||	Those who seek their Sanctuary are carried across; in the Society of the Saints, their hopes are fulfilled. ||2||	ਉਹਨਾਂ ਦੀ ਸਰਨ ਜਿਹੜਾ ਮਨੁੱਖ ਆ ਪੈਂਦਾ ਹੈ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ। (ਹੇ ਭਾਈ!) ਸੰਤ ਜਨਾਂ ਦੀ ਸੰਗਤਿ ਵਿਚ ਰਿਹਾਂ ਸਭ ਆਸਾਂ ਪੂਰੀਆਂ ਹੋ ਜਾਂਦੀਆਂ ਹਨ ॥੨॥
8979	207	ਤਾ ਕੈ ਚਰਣਿ ਪਰਉ ਤਾ ਜੀਵਾ ਜਨ ਕੈ ਸੰਗਿ ਨਿਹਾਲਾ॥		Thaa Kai Charan Paro Thaa Jeevaa Jan Kai Sang Nihaalaa ||	If I fall at their Feet, then I live; associating with those humble beings, I remain happy.	(ਹੇ ਭਾਈ!) ਸੰਤ ਜਨਾਂ ਦੀ ਸੰਗਤਿ ਵਿਚ ਰਿਹਾਂ ਮਨ ਖਿੜ ਆਉਂਦਾ ਹੈ। ਮੈਂ ਤਾਂ ਜਦੋਂ ਸੰਤ ਜਨਾਂ ਦੀ ਚਰਨੀਂ ਆ ਡਿੱਗਦਾ ਹਾਂ, ਮੈਨੂੰ ਆਤਮਕ ਜੀਵਨ ਮਿਲ ਜਾਂਦਾ ਹੈ।
8980	207	ਭਗਤਨ ਕੀ ਰੇਣੁ ਹੋਇ ਮਨੁ ਮੇਰਾ ਹੋਹੁ ਪ੍ਰਭੂ ਕਿਰਪਾਲਾ॥੩॥		Bhagathan Kee Raen Hoe Man Maeraa Hohu Prabhoo Kirapaalaa ||3||	O God, please be merciful to me, that my mind might become the dust of the feet of Your devotees. ||3||	ਹੇ ਪ੍ਰਭੂ! ਮੇਰੇ ਉਤੇ ਕਿਰਪਾਲ ਹੋਇਆ ਰਹੁ (ਤਾ ਕਿ ਤੇਰੀ ਕਿਰਪਾ ਨਾਲ) ਮੇਰਾ ਮਨ ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣਿਆ ਰਹੇ ॥੩॥
8981	207	ਰਾਜੁ ਜੋਬਨੁ ਅਵਧ ਜੋ ਦੀਸੈ ਸਭੁ ਕਿਛੁ ਜੁਗ ਮਹਿ ਘਾਟਿਆ॥	ਅਵਧ:ਪੋਲਾ ਬੋਲੋ ਮਿਲਵਾਂ। (ਅਵਧ) ਉਮਰ। ਜੁੱਗ	Raaj Joban Avadhh Jo Dheesai Sabh Kishh Jug Mehi Ghaattiaa ||	Power and authority, youth and age - whatever is seen in this world, all of it shall fade away.	(ਹੇ ਭਾਈ!) ਹਕੂਮਤ ਜਵਾਨੀ ਉਮਰ ਜੋ ਕੁਝ ਭੀ ਜਗਤ ਵਿਚ (ਸਾਂਭਣ-ਜੋਗ) ਦਿੱਸਦਾ ਹੈ ਇਹ ਘਟਦਾ ਹੀ ਜਾਂਦਾ ਹੈ।

8982	207	ਨਾਮੁ ਨਿਧਾਨੁ ਸਦ ਨਵਤਨੁ ਨਿਰਮਲੁ ਇਹੁ ਨਾਨਕ ਹਰਿ ਧਨੁ ਖਾਟਿਆ॥੪॥੧੦॥੧੩੧॥	(ਨਵਤਨੁ)ਨਵਾਂ	Naam Nidhhaan Sadh Navathan Niramal Eihu Naanak Har Dhhan Khaattiaa ||4||10||131||	The treasure of the Naam, the Name of the Lord, is forever new and immaculate. Nanak has earned this wealth of the Lord. ||4||10||131||	ਹੇ ਨਾਨਕ! (ਆਖ-) ਪਰਮਾਤਮਾ ਦਾ ਨਾਮ (ਹੀ ਇਕ ਐਸਾ) ਖ਼ਜ਼ਾਨਾ (ਹੈ ਜੋ) ਸਦਾ ਨਵਾਂ (ਰਹਿੰਦਾ) ਹੈ, ਤੇ ਹੈ ਭੀ ਪਵਿਤ੍ਰ (ਭਾਵ, ਇਸ ਖ਼ਜ਼ਾਨੇ ਨਾਲ ਮਨ ਵਿਗੜਨ ਦੇ ਥਾਂ ਪਵਿਤ੍ਰ ਹੁੰਦਾ ਜਾਂਦਾ ਹੈ)। (ਸੰਤ ਜਨ) ਇਹ ਨਾਮ-ਧਨ ਹੀ ਸਦਾ ਖੱਟਦੇ-ਕਮਾਂਦੇ ਰਹਿੰਦੇ ਹਨ ॥੪॥੧੦॥੧੩੧॥
8983	208	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
8984	208	ਜੋਗ ਜੁਗਤਿ ਸੁਨਿ ਆਇਓ ਗੁਰ ਤੇ॥		Jog Jugath Sun Aaeiou Gur Thae ||	I came to the Guru, to learn the Way of Yoga.	(ਹੇ ਭਾਈ!) ਮੈਂ ਗੁਰੂ ਪਾਸੋਂ ਅਸਲ ਜੋਗ ਦਾ ਤਰੀਕਾ ਸੁਣ ਕੇ ਆਇਆ ਹਾਂ।
8985	208	ਮੋਕਉ ਸਤਿਗੁਰ ਸਬਦਿ ਬੁਝਾਇਓ॥੧॥ਰਹਾਉ ॥	ਬੁੱਝਾਇਓ	Mo Ko Sathigur Sabadh Bujhaaeiou ||1|| Rehaao ||	The True Guru has revealed it to me through the Word of the Shabad. ||1||Pause||	ਮੈਨੂੰ ਸਤਿਗੁਰੂ ਦੇ ਸ਼ਬਦ ਨੇ (ਪਰਮਾਤਮਾ ਦੇ ਮਿਲਾਪ ਦੀ ਜਾਚ) ਸਮਝਾ ਦਿੱਤੀ ਹੈ ॥੧॥ ਰਹਾਉ ॥
8986	208	ਨਉ ਖੰਡ ਪ੍ਰਿਥਮੀ ਇਸੁ ਤਨ ਮਹਿ ਰਵਿਆ ਨਿਮਖ ਨਿਮਖ ਨਮਸਕਾਰਾ॥		No Khandd Prithhamee Eis Than Mehi Raviaa Nimakh Nimakh Namasakaaraa ||	He is contained in the nine continents of the world, and within this body; each and every moment, I humbly bow to Him.	(ਹੇ ਭਾਈ!) ਮੈਂ ਪਲ ਪਲ ਉਸ ਪਰਮਾਤਮਾ ਨੂੰ ਨਮਸਕਾਰ ਕਰਦਾ ਰਹਿੰਦਾ ਹਾਂ, ਜੇਹੜਾ ਇਸ ਮਨੁੱਖਾ ਸਰੀਰ ਦੇ ਵਿਚ ਹੀ ਮੌਜੂਦ ਹੈ (ਇਹੀ ਹੈ ਮੇਰੇ ਵਾਸਤੇ ਜੋਗੀਆਂ ਵਾਲਾ) ਸਾਰੀ ਧਰਤੀ (ਦਾ ਰਟਨ)।

8987	208	ਦੀਖਿਆ ਗੁਰ ਕੀ ਮੁੰਦ੍ਰਾ ਕਾਨੀ ਦ੍ਰਿੜਿਓ ਏਕੁ ਨਿਰੰਕਾਰਾ॥੧॥	(ਦੀਖਿਆ) ਸਿੱਖਿਆ। ਕੱਾਨੀ	Dheekhiaa Gur Kee Mundhraa Kaanee Dhrirriou Eaek Nirankaaraa ||1||	I have made the Guru's Teachings my ear-rings, and I have enshrined the One Formless Lord within my being. ||1||	ਮੈਂ ਆਪਣੇ ਗੁਰੂ ਦਾ ਉਪਦੇਸ਼ ਆਪਣੇ ਹਿਰਦੇ ਵਿਚ ਦ੍ਰਿੜ੍ਹ ਕਰ ਲਿਆ ਹੈ (ਇਹੀ ਹੈ ਮੇਰੇ ਵਾਸਤੇ) ਕੰਨਾਂ ਵਿਚ ਮੁੰਦ੍ਰਾਂ (ਜੋ ਜੋਗੀ ਲੋਕ ਪਾਂਦੇ ਹਨ) ਮੈਂ ਇਕ ਨਿਰੰਕਾਰ ਨੂੰ ਸਦਾ ਆਪਣੇ ਹਿਰਦੇ ਵਿਚ ਵਸਾਂਦਾ ਹਾਂ ॥੧॥
8988	208	ਪੰਚ ਚੇਲੇ ਮਿਲਿ ਭਏ ਇਕਤ੍ਰਾ ਏਕਸੁ ਕੈ ਵਸਿ ਕੀਏ॥	(ਪੰਚ) ਕਾਮਾਦਿਕ। ਇ-ਕੱਤ੍ਰਾ ਵੱਸਿ	Panch Chaelae Mil Bheae Eikathraa Eaekas Kai Vas Keeeae ||	I have brought the five disciples together, and they are now under the control of the one mind.	(ਹੇ ਭਾਈ! ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ) ਮੇਰੇ ਪੰਜੇ ਗਿਆਨ-ਇੰਦ੍ਰੇ (ਦੁਨੀਆ ਦੇ ਪਦਾਰਥਾਂ ਵਲ ਭਟਕਣ ਦੇ ਥਾਂ) ਮਿਲ ਕੇ ਇਕੱਠੇ ਹੋ ਗਏ ਹਨ। (ਭਟਕਣੋਂ ਹਟ ਗਏ ਹਨ), ਇਹ ਸਾਰੇ ਇਕ ਉੱਚੀ ਸੁਰਤ ਦੇ ਅਧੀਨ ਹੋ ਗਏ ਹਨ।
8989	208	ਦਸ ਬੈਰਾਗਨਿ ਆਗਿਆਕਾਰੀ ਤਬ ਨਿਰਮਲ ਜੋਗੀ ਥੀਏ॥੨॥	ਦਸ ਗਿਆਨ ਇੰਦ੍ਰੀਆਂ ਸੰਸਾਰ ਵੱਲੋਂ (ਬੈਰਾਗਨਿ) ਉਪਰਾਮ	Dhas Bairaagan Aagiaakaaree Thab Niramal Jogee Thheeeae ||2||	When the ten hermits become obedient to the Lord, then I became an immaculate Yogi. ||2||	(ਗੁਰੂ ਦੇ ਉਪਦੇਸ਼ ਦੀ ਰਾਹੀਂ ਜਦੋਂ ਤੋਂ) ਵਿਕਾਰਾਂ ਵਲੋਂ ਉਪਰਾਮ ਹੋ ਕੇ ਮੇਰੀਆਂ ਦਸੇ ਇੰਦ੍ਰੀਆਂ (ਉੱਚੀ ਮਤਿ ਦੀ) ਆਗਿਆ ਵਿਚ ਤੁਰਨ ਲੱਗ ਪਈਆਂ ਹਨ, ਤਦੋਂ ਤੋਂ ਮੈਂ ਪਵਿੱਤਰ ਜੀਵਨ ਵਾਲਾ ਜੋਗੀ ਬਣ ਗਿਆ ਹਾਂ ॥੨॥

8990	208	ਭਰਮੁ ਜਰਾਇ ਚਰਾਈ ਬਿਭੂਤਾ ਪੰਥੁ ਏਕੁ ਕਰਿ ਪੇਖਿਆ॥	(ਬਿਭੂਤਾ) ਸਮੱਗ੍ਰੀ ਜਾਂ ਸੁਆਹ। ਚਰ੍ਾਈ	Bharam Jaraae Charaaee Bibhoothaa Panthh Eaek Kar Paekhiaa ||	I have burnt my doubt, and smeared my body with the ashes. My path is to see the One and Only Lord.	(ਹੇ ਭਾਈ! ਮਨ ਦੀ) ਭਟਕਣਾ ਨੂੰ ਸਾੜ ਕੇ (ਇਹ) ਸੁਆਹ ਮੈਂ (ਆਪਣੇ ਪਿੰਡੇ ਉਤੇ) ਮਲ ਲਈ ਹੈ, ਮੈਂ ਇਕ ਪਰਮਾਤਮਾ ਨੂੰ ਹੀ ਸਾਰੇ ਸੰਸਾਰ ਵਿਚ ਵਿਆਪਕ ਵੇਖਦਾ ਹਾਂ-ਇਹ ਹੈ ਮੇਰਾ ਜੋਗ-ਪੰਥ।
8991	208	ਸਹਜ ਸੂਖ ਸੋ ਕੀਨੀ ਭੁਗਤਾ ਜੋ ਠਾਕੁਰਿ ਮਸਤਕਿ ਲੇਖਿਆ॥੩॥	(ਭੁਗਤਾ) ਭੋਜਨ	Sehaj Sookh So Keenee Bhugathaa Jo Thaakur Masathak Laekhiaa ||3||	I have made that intuitive peace my food; the Lord Master has written this pre-ordained destiny upon my forehead. ||3||	(ਹੇ ਭਾਈ!) ਮੈਂ ਉਸ ਆਤਮਕ ਅਡੋਲਤਾ ਦੇ ਆਨੰਦ ਨੂੰ (ਆਪਣੀ ਆਤਮਕ ਖ਼ੁਰਾਕ ਵਾਸਤੇ ਜੋਗੀਆਂ ਦੇ ਭੰਡਾਰੇ ਵਾਲਾ) ਚੂਰਮਾ ਬਣਾਇਆ ਹੈ, ਜਿਸ ਦੀ ਪ੍ਰਾਪਤੀ ਠਾਕੁਰ-ਪ੍ਰਭੂ ਨੇ ਮੇਰੇ ਮੱਥੇ ਉਤੇ ਲਿਖ ਦਿੱਤੀ ॥੩॥
8992	208	ਜਹ ਭਉ ਨਾਹੀ ਤਹਾ ਆਸਨੁ ਬਾਧਿਓ ਸਿੰਗੀ ਅਨਹਤ ਬਾਨੀ॥	(ਅਨਹਤ) ਇੱਕ ਰਸ	Jeh Bho Naahee Thehaa Aasan Baadhhiou Singee Anehath Baanee ||	In that place where there is no fear, I have assumed my Yogic posture. The unstruck melody of His Bani is my horn.	(ਹੇ ਭਾਈ!) ਮੈਂ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਇਕ-ਰਸ ਸਿੰਙੀ ਵਜਾ ਰਿਹਾ ਹਾਂ (ਇਸ ਦੀ ਬਰਕਤਿ ਨਾਲ) ਮੈਂ ਉਸ ਆਤਮਕ ਅਵਸਥਾ ਵਿਚ ਆਪਣਾ ਆਸਣ ਜਮਾਇਆ ਹੋਇਆ ਹੈ ਜਿਥੇ (ਦੁਨੀਆ ਵਾਲਾ) ਕੋਈ ਡਰ ਮੈਨੂੰ ਪੋਹ ਨਹੀਂ ਸਕਦਾ।

8993	208	ਤਤੁ ਬੀਚਾਰੁ ਡੰਡਾ ਕਰਿ ਰਾਖਿਓ ਜੁਗਤਿ ਨਾਮੁ ਮਨਿ ਭਾਨੀ॥੪॥	ਭਾਨੀ:ਪੋਲਾ ਬੋਲੋ। (ਭਾਨੀ) ਚੰਗੀ ਲੱਗੀ	Thath Beechaar Ddanddaa Kar Raakhiou Jugath Naam Man Bhaanee ||4||	I have made contemplation upon the essential reality my Yogic staff. The Love of the Name in my mind is my Yogic lifestyle. ||4||	(ਹੇ ਭਾਈ!) ਜਗਤ ਦੇ ਮੂਲ-ਪ੍ਰਭੂ (ਦੇ ਗੁਣਾਂ) ਨੂੰ ਵਿਚਾਰਦੇ ਰਹਿਣਾ-ਇਸ ਨੂੰ (ਜੋਗੀਆਂ ਵਾਲਾ) ਡੰਡਾ ਬਣਾ ਕੇ ਮੈਂ ਆਪਣੇ ਪਾਸ ਰੱਖਿਆ ਹੋਇਆ ਹੈ। (ਪਰਮਾਤਮਾ ਦੇ) ਨਾਮ (ਨੂੰ ਸਿਮਰਦੇ ਰਹਿਣਾ ਬੱਸ! ਇਹੀ ਜੋਗੀ ਦੀ) ਜੁਗਤਿ ਮੇਰੇ ਮਨ ਵਿਚ ਚੰਗੀ ਲੱਗ ਰਹੀ ਹੈ ॥੪॥
8994	208	ਐਸਾ ਜੋਗੀ ਵਡਭਾਗੀ ਭੇਟੈ ਮਾਇਆ ਕੇ ਬੰਧਨ ਕਾਟੈ॥	(ਭੇਟੈ) ਮਿਲੇ	Aisaa Jogee Vaddabhaagee Bhaettai Maaeiaa Kae Bandhhan Kaattai ||	By great good fortune, such a Yogi is met, who cuts away the bonds of Maya.	(ਹੇ ਭਾਈ!) ਇਹੋ ਜਿਹੀ (ਜੁਗਤਿ ਨਿਬਾਹੁਣ ਵਾਲਾ) ਜੋਗੀ (ਜਿਸ ਮਨੁੱਖ ਨੂੰ) ਵੱਡੇ ਭਾਗਾਂ ਨਾਲ ਮਿਲ ਪੈਂਦਾ ਹੈ, ਉਹ ਉਸ ਦੇ ਮਾਇਆ ਦੇ (ਮੋਹ ਦੇ) ਸਾਰੇ ਬੰਧਨ ਕੱਟ ਦੇਂਦਾ ਹੈ।
8995	208	ਸੇਵਾ ਪੂਜ ਕਰਉ ਤਿਸੁ ਮੂਰਤਿ ਕੀ ਨਾਨਕੁ ਤਿਸੁ ਪਗ ਚਾਟੈ॥੫॥੧੧॥੧੩੨॥	ਪਗ:ਪੋਲਾ ਬੋਲੋ। (ਪਗ) ਚਰਨ। ਚੱਾਟੈ	Saevaa Pooj Karo This Moorath Kee Naanak This Pag Chaattai ||5||11||132||	Nanak serves and adores this wondrous person, and kisses his feet. ||5||11||132||	ਮੈਂ ਭੀ ਪਰਮਾਤਮਾ-ਦੇ-ਰੂਪ ਅਜੇਹੇ ਜੋਗੀ ਦੀ ਸੇਵਾ ਕਰਦਾ ਹਾਂ ਪੂਜਾ ਕਰਦਾ ਹਾਂ। ਨਾਨਕ ਅਜੇਹੇ ਜੋਗੀ ਦੇ ਪੈਰ ਪਰਸਦਾ ਹੈ ॥੫॥੧੧॥੧੩੨॥
8996	208	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

8997	208	ਅਨੂਪ ਪਦਾਰਥੁ ਨਾਮੁ ਸੁਨਹੁ ਸਗਲ ਧਿਆਇਲੇ ਮੀਤਾ॥	(ਅਨੂਪ) ਉਪਮਾ ਰਹਿਤ। (ਧਿਆਇ-ਲੇ) ਸਿਮਰੋ	Anoop Padhaarathh Naam Sunahu Sagal Dhhiaaeilae Meethaa ||	The Naam, the Name of the Lord, is an incomparably beautiful treasure. Listen, everyone, and meditate on it, O friends.	ਹੇ ਮਿੱਤਰੋ! ਸੁਣੋ, ਪਰਮਾਤਮਾ ਦਾ ਨਾਮ ਇਕ ਐਸਾ ਪਦਾਰਥ ਹੈ ਜਿਸ ਵਰਗਾ ਕੋਈ ਹੋਰ ਨਹੀਂ। (ਇਸ ਵਾਸਤੇ, ਹੇ ਮਿੱਤਰੋ!) ਸਾਰੇ (ਇਸ ਨਾਮ ਨੂੰ) ਸਿਮਰੋ।
8998	208	ਹਰਿ ਅਉਖਧੁ ਜਾ ਕਉ ਗੁਰਿ ਦੀਆ ਤਾ ਕੇ ਨਿਰਮਲ ਚੀਤਾ॥੧॥ਰਹਾਉ॥		Har Aoukhadhh Jaa Ko Gur Dheeaa Thaa Kae Niramal Cheethaa ||1|| Rehaao ||	Those, unto whom the Guru has given the Lord's medicine - their minds become pure and immaculate. ||1||Pause||	ਜਿਨ੍ਹਾਂ ਨੂੰ ਗੁਰੂ ਨੇ ਪਰਮਾਤਮਾ ਦਾ ਨਾਮ-ਦਾਰੂ ਦਿੱਤਾ ਉਹਨਾਂ ਦੇ ਚਿੱਤ (ਹਰੇਕ ਕਿਸਮ ਦੇ ਵਿਕਾਰ ਦੀ) ਮੈਲ ਤੋਂ ਸਾਫ਼ ਹੋ ਗਏ ॥੧॥ ਰਹਾਉ ॥
8999	208	ਅੰਧਕਾਰੁ ਮਿਟਿਓ ਤਿਹ ਤਨ ਤੇ ਗੁਰਿ ਸਬਦਿ ਦੀਪਕੁ ਪਰਗਾਸਾ॥		Andhhakaar Mittiou Thih Than Thae Gur Sabadh Dheepak Paragaasaa ||	Darkness is dispelled from within that body, in which the Divine Light of the Guru's Shabad shines.	(ਹੇ ਭਾਈ!) ਗੁਰੂ ਨੇ (ਜਿਸ ਮਨੁੱਖ ਦੇ ਅੰਦਰ ਆਪਣੇ) ਸ਼ਬਦ ਦੀ ਰਾਹੀਂ (ਆਤਮਕ ਗਿਆਨ ਦਾ) ਦੀਵਾ ਜਗਾ ਦਿੱਤਾ, ਉਸ ਦੇ ਹਿਰਦੇ ਵਿਚੋਂ (ਮਾਇਆ ਦੇ ਮੋਹ ਦਾ) ਹਨੇਰਾ ਦੂਰ ਹੋ ਗਿਆ।
9000	208	ਭ੍ਰਮ ਕੀ ਜਾਲੀ ਤਾ ਕੀ ਕਾਟੀ ਜਾ ਕਉ ਸਾਧਸੰਗਤਿ ਬਿਸ੍ਵਾਸਾ॥੧॥	ਜਾਲੀ: ਪੋਲਾ ਬੋਲੋ। ਬਿਸ੍ਵਾਸਾ: ਅੱਧਾ ਵਾਵਾ ਪੋਲਾ ਬੋਲੋ, ਪੂਰਾ ਵਾਵਾ ਭਰਵਾਂ ਬੋਲੀਦਾ ਹੈ	Bhram Kee Jaalee Thaa Kee Kaattee Jaa Ko Saadhhasangath Bisvaasaa ||1||	The noose of doubt is cut away from those who place their faith in the Saadh Sangat, the Company of the Holy. ||1||	(ਹੇ ਭਾਈ!) ਸਾਧ ਸੰਗਤਿ ਵਿਚ ਜਿਸ ਮਨੁੱਖ ਦੀ ਸਰਧਾ ਬਣ ਗਈ, (ਗੁਰੂ ਨੇ) ਉਸ (ਦੇ ਮਨ) ਦਾ (ਮਾਇਆ ਦੀ ਖ਼ਾਤਰ) ਭਟਕਣਾ ਦਾ ਜਾਲ ਕੱਟ ਦਿੱਤਾ ॥੧॥

9001	208	ਤਾਰੀਲੇ ਭਵਜਲੁ ਤਾਰੂ ਬਿਖੜਾ ਬੋਹਿਥ ਸਾਧੂਸੰਗਾ॥	(ਤਾਰੀ–ਲੇ) ਤਾਰ ਲਿਆ। (ਤਾਰੂ) ਤਾਰਨ ਵਾਲੇ ਧੰਨ ਗੁਰੂ ਰਾਮਦਾਸ ਸਾਹਿਬ ਜੀ	Thaareelae Bhavajal Thaaroo Bikharraa Bohithh Saadhhoo Sangaa ||	The treacherous and terrifying world-ocean is crossed over, in the boat of the Saadh Sangat.	(ਹੇ ਭਾਈ! ਜਿਸ ਮਨੁੱਖ ਨੇ) ਗੁਰੂ ਦੀ ਸੰਗਤਿ-ਰੂਪ ਜਹਾਜ਼ ਦਾ ਆਸਰਾ ਲਿਆ, ਉਹ ਇਸ ਅਥਾਹ ਤੇ ਔਖੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ।
9002	208	ਪੂਰਨ ਹੋਈ ਮਨ ਕੀ ਆਸਾ ਗੁਰੁ ਭੇਟਿਓ ਹਰਿ ਰੰਗਾ॥੨॥		Pooran Hoee Man Kee Aasaa Gur Bhaettiou Har Rangaa ||2||	My mind's desires are fulfilled, meeting the Guru, in love with the Lord. ||2||	(ਹੇ ਭਾਈ!) ਜਿਸ ਮਨੁੱਖ ਨੂੰ ਪਰਮਾਤਮਾ ਨਾਲ ਪਿਆਰ ਕਰਨ ਵਾਲਾ ਗੁਰੂ ਮਿਲ ਪਿਆ, ਉਸ ਦੇ ਮਨ ਦੀ (ਹਰੇਕ) ਕਾਮਨਾ ਪੂਰੀ ਹੋ ਗਈ ॥੨॥
9003	208	ਨਾਮ ਖਜਾਨਾ ਭਗਤੀ ਪਾਇਆ ਮਨ ਤਨ ਤ੍ਰਿਪਤਿ ਅਘਾਏ॥	ਭਗਤੀਂ	Naam Khajaanaa Bhagathee Paaeiaa Man Than Thripath Aghaaeae ||	The devotees have found the treasure of the Naam; their minds and bodies are satisfied and satiated.	(ਹੇ ਭਾਈ! ਜਿਨ੍ਹਾਂ) ਭਗਤ ਜਨਾਂ ਨੇ ਪਰਮਾਤਮਾ ਦੇ ਨਾਮ ਦਾ ਖ਼ਜ਼ਾਨਾ ਲੱਭ ਲਿਆ, ਉਹਨਾਂ ਦੇ ਮਨ (ਮਾਇਆ ਵਲੋਂ ਤ੍ਰਿਪਤ ਹੋ ਗਏ, ਉਹਨਾਂ ਦੇ ਤਨ (ਹਿਰਦੇ ਮਾਇਆ ਵਲੋਂ) ਰੱਜ ਗਏ।
9004	208	ਨਾਨਕ ਹਰਿ ਜੀਉ ਤਾ ਕਉ ਦੇਵੈ ਜਾ ਕਉ ਹੁਕਮੁ ਮਨਾਏ॥੩॥੧੨॥੧੩੩॥		Naanak Har Jeeo Thaa Ko Dhaevai Jaa Ko Hukam Manaaeae ||3||12||133||	O Nanak, the Dear Lord gives it only to those who surrender to the Lord's Command. ||3||12||133||	ਹੇ ਨਾਨਕ! (ਆਖ-ਇਹ ਨਾਮ-ਖ਼ਜ਼ਾਨਾ) ਪਰਮਾਤਮਾ ਉਹਨਾਂ ਨੂੰ ਹੀ ਦੇਂਦਾ ਹੈ, ਜਿਨ੍ਹਾਂ ਨੂੰ ਪ੍ਰਭੂ ਆਪਣਾ ਹੁਕਮ ਮੰਨਣ ਲਈ ਪ੍ਰੇਰਨਾ ਕਰਦਾ ਹੈ ॥੩॥੧੨॥੧੩੩॥

9005	208	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
9006	208	ਦਇਆ ਮਇਆ ਕਰਿ ਪ੍ਰਾਨਪਤਿ ਮੋਰੇ ਮੋਹਿ ਅਨਾਥ ਸਰਣਿ ਪ੍ਰਭ ਤੋਰੀ॥		Dhaeiaa Maeiaa Kar Praanapath Morae Mohi Anaathh Saran Prabh Thoree ||	Please be kind and compassionate, O Lord of my life; I am helpless, and I seek Your Sanctuary, God.	ਹੇ ਮੇਰੀ ਜਿੰਦ ਦੇ ਮਾਲਕ! (ਮੇਰੇ ਉਤੇ) ਦਇਆ ਕਰ ਮਿਹਰ ਕਰ। ਹੇ ਪ੍ਰਭੂ! ਮੈਂ ਅਨਾਥ ਤੇਰੀ ਸਰਨ ਆਇਆ ਹਾਂ।
9007	208	ਅੰਧ ਕੂਪ ਮਹਿ ਹਾਥ ਦੇ ਰਾਖਹੁ ਕਛੂ ਸਿਆਨਪ ਉਕਤਿ ਨ ਮੋਰੀ॥੧॥ਰਹਾਉ॥	(ਕੂਪ) ਖੂਹ। (ਉਕਤਿ) ਦਲੀਲ	Andhh Koop Mehi Haathh Dhae Raakhahu Kashhoo Siaanap Oukath N Moree ||1|| Rehaao ||	Please, give me Your Hand, and lift me up, out of the deep dark pit. I have no clever tricks at all. ||1||Pause||	(ਮੈਂ ਮਾਇਆ ਦੇ ਮੋਹ ਦੇ ਹਨੇਰੇ ਖੂਹ ਵਿਚ ਡਿੱਗਾ ਪਿਆ ਹਾਂ, ਆਪਣਾ) ਹੱਥ ਦੇ ਕੇ ਮੈਨੂੰ (ਇਸ ਹਨੇਰੇ ਖੂਹ ਵਿਚੋਂ) ਬਚਾ ਲੈ। ਮੇਰੀ ਕੋਈ ਸਿਆਣਪ ਮੇਰੀ ਕੋਈ ਦਲੀਲ (ਇਥੇ) ਨਹੀਂ ਚੱਲ ਸਕਦੀ ॥੧॥ ਰਹਾਉ ॥
9008	208	ਕਰਨ ਕਰਾਵਨ ਸਭ ਕਿਛੁ ਤੁਮ ਹੀ ਤੁਮ ਸਮਰਥ ਨਾਹੀ ਅਨ ਹੋਰੀ॥	(ਅਨ) ਦੂਸਰਾ (ਹੋਰੀ) ਹੋਰ। ਸਮਰੱਥ	Karan Karaavan Sabh Kishh Thum Hee Thum Samarathh Naahee An Horee ||	You are the Doer, the Cause of causes - You are everything. You are All-powerful; there is no other than You.	ਹੇ ਮੇਰੇ ਪ੍ਰਭੂ! (ਸਭ ਜੀਵਾਂ ਵਿਚ ਵਿਆਪਕ ਹੋ ਕੇ) ਤੂੰ ਆਪ ਹੀ ਸਭ ਕੁਝ ਕਰ ਰਿਹਾ ਹੈਂ, ਤੂੰ ਆਪ ਹੀ ਸਭ ਕੁਝ ਕਰਾ ਰਿਹਾ ਹੈਂ, ਤੂੰ ਹਰੇਕ ਤਾਕਤ ਦਾ ਮਾਲਕ ਹੈਂ, ਤੇਰੇ ਬਰਾਬਰ ਦਾ ਕੋਈ ਹੋਰ ਦੂਜਾ ਨਹੀਂ ਹੈ।

9009	208	ਤੁਮਰੀ ਗਤਿ ਮਿਤਿ ਤੁਮ ਹੀ ਜਾਨੀ ਸੇ ਸੇਵਕ ਜਿਨ ਭਾਗ ਮਥੋਰੀ॥੧॥	(ਮਿਲਵਾਂ ਮੱਥੋਰੀ) ਮੱਥੇ ਤੇ	Thumaree Gath Mith Thum Hee Jaanee Sae Saevak Jin Bhaag Mathhoree ||1||	You alone know Your condition and extent. They alone become Your servants, upon whose foreheads such good destiny is recorded. ||1||	(ਹੇ ਪ੍ਰਭੂ!) ਤੂੰ ਕਿਹੋ ਜਿਹਾ ਹੈਂ ਤੂੰ ਕੇਡਾ ਵੱਡਾ ਹੈਂ-ਇਹ ਭੇਦ ਤੂੰ ਆਪ ਹੀ ਜਾਣਦਾ ਹੈਂ। ਜਿਨ੍ਹਾਂ ਮਨੁੱਖਾਂ ਦੇ ਮੱਥੇ ਉਤੇ (ਤੇਰੀ ਬਖ਼ਸ਼ਸ਼ ਦੇ) ਭਾਗ ਜਾਗਦੇ ਹਨ, ਉਹ ਤੇਰੇ ਸੇਵਕ ਬਣ ਜਾਂਦੇ ਹਨ ॥੧॥
9010	208	ਅਪੁਨੇ ਸੇਵਕ ਸੰਗਿ ਤੁਮ ਪ੍ਰਭ ਰਾਤੇ ਓਤਿ ਪੋਤਿ ਭਗਤਨ ਸੰਗਿ ਜੋਰੀ॥		Apunae Saevak Sang Thum Prabh Raathae Outh Poth Bhagathan Sang Joree ||	You are imbued with Your servant, God; Your devotees are woven into Your Fabric, through and through.	ਹੇ ਮੇਰੇ ਪ੍ਰਭੂ! ਤੂੰ ਆਪਣੇ ਸੇਵਕਾਂ ਨਾਲ ਸਦਾ ਪਿਆਰ ਕਰਦਾ ਹੈਂ, ਆਪਣੇ ਭਗਤਾਂ ਨਾਲ ਤੂੰ ਆਪਣੀ ਪ੍ਰੀਤਿ ਇਉਂ ਜੋੜੀ ਹੋਈ ਹੈ ਜਿਵੇਂ ਤਾਣੇ ਪੇਟੇ ਵਿਚ ਧਾਗੇ ਮਿਲੇ ਹੁੰਦੇ ਹਨ,
9011	208	ਪ੍ਰਿਉ ਪ੍ਰਿਉ ਨਾਮੁ ਤੇਰਾ ਦਰਸਨੁ ਚਾਹੈ ਜੈਸੇ ਦ੍ਰਿਸਟਿ ਓਹ ਚੰਦ ਚਕੋਰੀ॥੨॥		Prio Prio Naam Thaeraa Dharasan Chaahai Jaisae Dhrisatt Ouh Chandh Chakoree ||2||	O Darling Beloved, they yearn for Your Name and the Blessed Vision of Your Darshan, like the chakvee bird which longs to see the moon. ||2||	ਜਿਵੇਂ ਚਕੋਰ ਦੀ ਨਿਗਾਹ ਚੰਦ ਵਲ ਰਹਿੰਦੀ ਹੈ, ਉਹੀ ਨਿਗਾਹ ਤੇਰੇ ਭਗਤ ਦੀ ਹੁੰਦੀ ਹੈ। ਤੇਰਾ ਭਗਤ ਤੈਨੂੰ 'ਪਿਆਰਾ ਪਿਆਰਾ' ਆਖ ਆਖ ਕੇ ਤੇਰਾ ਨਾਮ ਜਪਦਾ ਹੈ, ਤੇ ਤੇਰਾ ਦੀਦਾਰ ਲੋਚਦਾ ਹੈ ॥੨॥

9012	208	ਰਾਮ ਸੰਤ ਮਹਿ ਭੇਦੁ ਕਿਛੁ ਨਾਹੀ ਏਕੁ ਜਨੁ ਕਈ ਮਹਿ ਲਾਖ ਕਰੋਰੀ॥		Raam Santh Mehi Bhaedh Kishh Naahee Eaek Jan Kee Mehi Laakh Karoree ||	Between the Lord and His Saint, there is no difference at all. Among hundreds of thousands and millions, there is scarcely one humble being.	(ਹੇ ਭਾਈ!) ਪਰਮਾਤਮਾ ਤੇ ਪਰਮਾਤਮਾ ਦੇ ਸੰਤ ਵਿਚ ਕੋਈ ਫ਼ਰਕ ਨਹੀਂ ਹੁੰਦਾ, ਪਰ ਇਹੋ ਜਿਹਾ ਮਨੁੱਖ ਕਈ ਲੱਖਾਂ ਕ੍ਰੋੜਾਂ ਵਿਚੋਂ ਕੋਈ ਇੱਕ ਹੀ ਹੁੰਦਾ ਹੈ।
9013	208	ਜਾ ਕੈ ਹੀਐ ਪ੍ਰਗਟੁ ਪ੍ਰਭੁ ਹੋਆ ਅਨ ਦਿਨੁ ਕੀਰਤਨੁ ਰਸਨ ਰਮੋਰੀ॥੩॥	(ਹੀਐ) ਹਿਰਦੇ ਚ। (ਰਮੋਰੀ) ਸਿਮਰਦਾ	Jaa Kai Heeai Pragatt Prabh Hoaa Anadhin Keerathan Rasan Ramoree ||3||	Those whose hearts are illuminated by God, sing the Kirtan of His Praises night and day with their tongues. ||3||	(ਹੇ ਭਾਈ!) ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਆਪਣਾ ਪਰਕਾਸ਼ ਕਰਦਾ ਹੈ, ਉਹ ਮਨੁੱਖ ਹਰ ਵੇਲੇ ਆਪਣੀ ਜੀਭ ਨਾਲ ਪ੍ਰਭੂ ਦੀ ਸਿਫ਼ਤ-ਸਾਲਾਹ ਉਚਾਰਦਾ ਰਹਿੰਦਾ ਹੈ ॥੩॥
9014	208	ਤੁਮ ਸਮਰਥ ਅਪਾਰ ਅਤਿ ਊਚੇ ਸੁਖਦਾਤੇ ਪ੍ਰਭ ਪ੍ਰਾਨ ਅਧੋਰੀ॥	(ਅਧੋਰੀ) ਆਸਰਾ। ਸਮਰੱਥ	Thum Samarathh Apaar Ath Oochae Sukhadhaathae Prabh Praan Adhhoree ||	You are All-powerful and Infinite, the most lofty and exalted, the Giver of peace; O God, You are the Support of the breath of life.	ਹੇ ਮੇਰੇ ਪ੍ਰਭੂ! ਹੇ ਮੇਰੀ ਜਿੰਦ ਦੇ ਆਸਰੇ! ਹੇ ਬੇਅੰਤ ਉੱਚੇ! ਹੇ ਸਭ ਨੂੰ ਸੁਖ ਦੇਣ ਵਾਲੇ! ਤੂੰ ਸਭ ਤਾਕਤਾਂ ਦਾ ਮਾਲਕ ਹੈਂ।

9015	208	ਨਾਨਕ ਕਉ ਪ੍ਰਭ ਕੀਜੈ ਕਿਰਪਾ ਉਨ ਸੰਤਨ ਕੈ ਸੰਗਿ ਸੰਗੋਰੀ॥੪॥੧੩॥੧੩੪॥	(ਸੰਗੋਰੀ) ਮਿਲਾ ਰਹਾਂ	Naanak Ko Prabh Keejai Kirapaa Oun Santhan Kai Sang Sangoree ||4||13||134||	Please show mercy to Nanak, O God, that he may remain in the Society of the Saints. ||4||13||134||	ਹੇ ਪ੍ਰਭੂ! ਮੈਂ ਨਾਨਕ ਉਤੇ ਕਿਰਪਾ ਕਰ, ਮੈਨੂੰ ਉਹਨਾਂ ਸੰਤ ਜਨਾਂ ਦੀ ਸੰਗਤਿ ਵਿਚ ਥਾਂ ਦੇਈ ਰੱਖ ॥੪॥੧੩॥੧੩੪॥
9016	209	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
9017	209	ਤੁਮ ਹਰਿ ਸੇਤੀ ਰਾਤੇ ਸੰਤਹੁ॥		Thum Har Saethee Raathae Santhahu ||	O Saint, You are attuned to the Lord.	ਹੇ ਸੰਤ ਜਨੋ! (ਤੁਸੀ ਭਾਗਾਂ ਵਾਲੇ ਹੋ ਕਿ) ਤੁਸੀ ਪਰਮਾਤਮਾ ਨਾਲ ਰੱਤੇ ਹੋਏ ਹੋ।
9018	209	ਨਿਬਾਹਿ ਲੇਹੁ ਮੋਕਉ ਪੁਰਖ ਬਿਧਾਤੇ ਓੜਿ ਪਹੁਚਾਵਹੁ ਦਾਤੇ॥੧॥ਰਹਾਉ॥		Nibaahi Laehu Mo Ko Purakh Bidhhaathae Ourr Pahuchaavahu Dhaathae ||1|| Rehaao ||	Please stand my me, Architect of Destiny; please take me to my destination, Great Giver. ||1||Pause||	ਹੇ ਸਰਬ-ਵਿਆਪਕ ਕਰਤਾਰ! ਹੇ ਦਾਤਾਰ! ਮੈਨੂੰ ਭੀ (ਆਪਣੇ ਪਿਆਰ ਵਿਚ) ਨਿਬਾਹ ਲੈ, ਮੈਨੂੰ ਭੀ ਤੋੜ ਤਕ (ਪ੍ਰੀਤਿ ਦੇ ਦਰਜੇ ਤਕ) ਅਪੜਾ ਲੈ ॥੧॥ ਰਹਾਉ ॥

9019	209	ਤੁਮਰਾ ਮਰਮੁ ਤੁਮਾ ਹੀ ਜਾਨਿਆ ਤੁਮ ਪੂਰਨ ਪੁਰਖ ਬਿਧਾਤੇ॥	(ਮਰਮੁ) ਭੇਤ	Thumaraa Maram Thumaa Hee Jaaniaa Thum Pooran Purakh Bidhhaathae ||	You alone know Your mystery; You are the Perfect Architect of Destiny.	ਹੇ ਸਰਬ-ਵਿਆਪਕ ਕਰਤਾਰ! ਆਪਣੇ ਦਿਲ ਦੀ ਗੱਲ ਤੂੰ ਆਪ ਹੀ ਜਾਣਦਾ ਹੈਂ,
9020	209	ਰਾਖਹੁ ਸਰਣਿ ਅਨਾਥ ਦੀਨ ਕਉ ਕਰਹੁ ਹਮਾਰੀ ਗਾਤੇ॥੧॥	(ਗਾਤੇ) ਮੁਕਤੀ	Raakhahu Saran Anaathh Dheen Ko Karahu Hamaaree Gaathae ||1||	I am a helpless orphan - please keep me under Your Protection and save me. ||1||	ਮੈਨੂੰ ਅਨਾਥ ਨੂੰ ਗ਼ਰੀਬ ਨੂੰ ਆਪਣੀ ਸਰਨ ਵਿਚ ਰੱਖ, ਮੇਰੀ ਆਤਮਕ ਅਵਸਥਾ ਉੱਚੀ ਬਣਾ ਦੇ ॥੧॥
9021	209	ਤਰਣ ਸਾਗਰ ਬੋਹਿਥ ਚਰਣ ਤੁਮਾਰੇ ਤੁਮ ਜਾਨਹੁ ਅਪੁਨੀ ਭਾਤੇ॥	(ਭਾਤੇ) ਮਰਯਾਦਾ	Tharan Saagar Bohithh Charan Thumaarae Thum Jaanahu Apunee Bhaathae ||	Your Feet are the boat to carry us across the world-ocean; You alone know Your ways.	(ਹੇ ਪ੍ਰਭੂ!) ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਤੇਰੇ ਚਰਨ (ਮੇਰੇ ਲਈ) ਜਹਾਜ਼ ਹਨ। ਕਿਸ ਤਰੀਕੇ ਨਾਲ ਤੂੰ ਪਾਰ ਲੰਘਾਂਦਾ ਹੈਂ?-ਇਹ ਤੂੰ ਆਪ ਹੀ ਜਾਣਦਾ ਹੈਂ।
9022	209	ਕਰਿ ਕਿਰਪਾ ਜਿਸੁ ਰਾਖਹੁ ਸੰਗੇ ਤੇ ਤੇ ਪਾਰਿ ਪਰਾਤੇ॥੨॥	(ਪਰਾਤੇ) ਪੈਂਦੇ	Kar Kirapaa Jis Raakhahu Sangae Thae Thae Paar Paraathae ||2||	Those whom You keep protected, by Your Kindness, cross over to the other side. ||2||	ਹੇ ਪ੍ਰਭੂ! ਮਿਹਰ ਕਰ ਕੇ ਤੂੰ ਜਿਸ ਜਿਸ ਮਨੁੱਖ ਨੂੰ ਆਪਣੇ ਨਾਲ ਰੱਖਦਾ ਹੈਂ, ਉਹ ਸਾਰੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ ॥੨॥

9023	209	ਈਤ ਊਤ ਪ੍ਰਭ ਤੁਮ ਸਮਰਥਾ ਸਭੁ ਕਿਛੁ ਤੁਮਰੈ ਹਾਥੇ॥	ਸਮਰੱਥਾ	Eeth Ooth Prabh Thum Samarathhaa Sabh Kishh Thumarai Haathhae ||	Here and hereafter, God, You are All-powerful; everything is in Your Hands.	ਹੇ ਪ੍ਰਭੂ! (ਅਸਾਂ ਜੀਵਾਂ ਵਾਸਤੇ) ਇਸ ਲੋਕ ਵਿਚ ਤੇ ਪਰਲੋਕ ਵਿਚ ਤੂੰ ਹੀ ਸਭ ਤਾਕਤਾਂ ਦਾ ਮਾਲਕ ਹੈਂ (ਸਾਡਾ ਹਰੇਕ ਸੁਖ ਦੁਖ) ਤੇਰੇ ਹੀ ਹੱਥ ਵਿਚ ਹੈ।
9024	209	ਐਸਾ ਨਿਧਾਨੁ ਦੇਹੁ ਮੋਕਉ ਹਰਿ ਜਨ ਚਲੈ ਹਮਾਰੈ ਸਾਥੇ॥੩॥	ਚੱਲੈ	Aisaa Nidhhaan Dhaehu Mo Ko Har Jan Chalai Hamaarai Saathhae ||3||	Please give me that treasure, which will go along with me, O servant of the Lord. ||3||	ਹੇ ਪ੍ਰਭੂ ਦੇ ਸੰਤ ਜਨੋ! ਮੈਨੂੰ ਅਜੇਹਾ ਨਾਮ-ਖ਼ਜ਼ਾਨਾ ਦੇਹੋ, ਜੇਹੜਾ (ਇਥੋਂ ਚਲਦਿਆਂ) ਮੇਰੇ ਨਾਲ ਸਾਥ ਕਰੇ ॥੩॥
9025	209	ਨਿਰਗੁਨੀਆਰੇ ਕਉ ਗੁਨੁ ਕੀਜੈ ਹਰਿ ਨਾਮੁ ਮੇਰਾ ਮਨੁ ਜਾਪੇ॥		Niraguneeaarae Ko Gun Keejai Har Naam Maeraa Man Jaapae ||	I am without virtue - please bless me with virtue, so that my mind might chant the Name of the Lord.	(ਹੇ ਸੰਤ ਜਨੋ!) ਮੈਨੂੰ ਗੁਣ-ਹੀਨ ਨੂੰ (ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ) ਗੁਣ ਬਖ਼ਸ਼ੋ, (ਮਿਹਰ ਕਰੋ,) ਮੇਰਾ ਮਨ ਪਰਮਾਤਮਾ ਦਾ ਨਾਮ ਸਦਾ ਜਪਦਾ ਰਹੇ।
9026	209	ਸੰਤ ਪ੍ਰਸਾਦਿ ਨਾਨਕ ਹਰਿ ਭੇਟੇ ਮਨ ਤਨ ਸੀਤਲ ਧ੍ਰਾਪੇ॥੪॥੧੪॥੧੩੫॥	(ਧ੍ਰਾਪੇ) ਰੱਜ ਗਏ	Santh Prasaadh Naanak Har Bhaettae Man Than Seethal Dhhraapae ||4||14||135||	By the Grace of the Saints, Nanak has met the Lord; his mind and body are soothed and satisfied. ||4||14||135||	ਹੇ ਨਾਨਕ! ਗੁਰੂ-ਸੰਤ ਦੀ ਕਿਰਪਾ ਨਾਲ ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਮਿਲ ਪੈਂਦਾ ਹੈ, ਉਹਨਾਂ ਦੇ ਮਨ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦੇ ਹਨ, ਉਹਨਾਂ ਦੇ ਤਨ ਠੰਢੇ-ਠਾਰ ਹੋ ਜਾਂਦੇ ਹਨ (ਵਿਕਾਰਾਂ ਦੀ ਤਪਸ਼ ਤੋਂ ਬਚ ਜਾਂਦੇ ਹਨ) ॥੪॥੧੪॥੧੩੫॥

9027	209	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
9028	209	ਸਹਜਿ ਸਮਾਇਓ ਦੇਵ॥		Sehaj Samaaeiou Dhaev ||	I am intuitively absorbed in the Divine Lord.	ਹੇ ਪ੍ਰਕਾਸ਼-ਰੂਪ ਪ੍ਰਭੂ! (ਤੇਰੀ ਮਿਹਰ ਨਾਲ) ਮੇਰੇ ਉਤੇ ਸਤਿਗੁਰੂ ਜੀ ਦਇਆਵਾਨ ਹੋ ਗਏ,
9029	209	ਮੋਕਉ ਸਤਿਗੁਰ ਭਏ ਦਇਆਲ ਦੇਵ॥੧॥ਰਹਾਉ॥		Mo Ko Sathigur Bheae Dhaeiaal Dhaev ||1|| Rehaao ||	The Divine True Guru has become Merciful to me. ||1||Pause||	ਤੇ ਮੈਂ ਹੁਣ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹਾਂ ॥੧॥ ਰਹਾਉ ॥
9030	209	ਕਾਟਿ ਜੇਵਰੀ ਕੀਓ ਦਾਸਰੋ ਸੰਤਨ ਟਹਲਾਇਓ॥	(ਜੇਵਰੀ) ਫਾਹੀ। (ਟਹਲਾਇਓ) ਸੇਵਾ ਚ ਲਾਇਆ	Kaatt Jaevaree Keeou Dhaasaro Santhan Ttehalaaeiou ||	Cutting away the halter, He has made me His slave, and now I work for the Saints.	(ਹੇ ਪ੍ਰਭੂ!) ਗੁਰੂ ਨੇ ਮੇਰੀ (ਮਾਇਆ ਦੇ ਮੋਹ ਦੀ) ਫਾਹੀ ਕੱਟ ਕੇ ਮੈਨੂੰ ਤੇਰਾ ਦਾਸ ਬਣਾ ਦਿੱਤਾ ਹੈ, ਮੈਨੂੰ ਸੰਤ ਜਨਾਂ ਦੀ ਸੇਵਾ ਵਿਚ ਲਾ ਦਿੱਤਾ ਹੈ।
9031	209	ਏਕ ਨਾਮ ਕੋ ਥੀਓ ਪੂਜਾਰੀ ਮੋਕਉ ਅਚਰਜੁ ਗੁਰਹਿ ਦਿਖਾਇਓ॥੧॥	(ਥੀਓ) ਹੋਇਆ। (ਅ-ਚਰਜੁ) ਹਰਿ ਜੀ	Eaek Naam Ko Thheeou Poojaaree Mo Ko Acharaj Gurehi Dhikhaaeiou ||1||	I have become a worshipper of the One Name; the Guru has shown me this amazing wonder. ||1||	ਉਸ ਨੇ ਮੈਨੂੰ ਤੇਰਾ (ਹਰ ਥਾਂ ਵਿਆਪਕ) ਅਸਚਰਜ ਰੂਪ ਵਿਖਾ ਦਿੱਤਾ ਹੈ, ਹੁਣ ਮੈਂ ਸਿਰਫ਼ ਤੇਰੇ ਹੀ ਨਾਮ ਦਾ ਪੁਜਾਰੀ ਬਣ ਗਿਆ ਹਾਂ ॥੧॥

9032	209	ਭਇਓ ਪ੍ਰਗਾਸੁ ਸਰਬ ਉਜੀਆਰਾ ਗੁਰ ਗਿਆਨੁ ਮਨਹਿ ਪ੍ਰਗਟਾਇਓ॥		Bhaeiou Pragaas Sarab Oujeeaaraa Gur Giaan Manehi Pragattaaeiou ||	The Divine Light has dawned, and everything is illuminated; the Guru has revealed this spiritual wisdom to my mind.	(ਹੇ ਭਾਈ!) ਜਦੋਂ ਗੁਰੂ ਦਾ ਬਖ਼ਸ਼ਿਆ ਗਿਆਨ ਮੇਰੇ ਮਨ ਵਿਚ ਪਰਗਟ ਹੋ ਗਿਆ, ਤਾਂ ਮੇਰੇ ਅੰਦਰ ਪਰਮਾਤਮਾ ਦੀ ਹੋਂਦ ਦਾ ਚਾਨਣ ਹੋ ਗਿਆ, ਮੈਨੂੰ ਸਭ ਥਾਂ ਉਸੇ ਦਾ ਚਾਨਣ ਦਿੱਸ ਪਿਆ।
9033	209	ਅੰਮ੍ਰਿਤੁ ਨਾਮੁ ਪੀਓ ਮਨੁ ਤ੍ਰਿਪਤਿਆ ਅਨਭੈ ਠਹਰਾਇਓ॥੨॥	(ਅਨ-ਭੈ) ਨਿਰਭਉ ਵਾਹਿਗੁਰੂ ਜੀ ਚ । (ਠਹਰਾਇਓ) ਠਹਿਰ ਗਿਆ	Anmrith Naam Peeou Man Thripathiaa Anabhai Theharaaeiou ||2||	Drinking deeply of the Ambrosial Naam, the Name of the Lord, my mind is satisfied, and my fears have been vanquished. ||2||	ਗੁਰੂ ਦੀ ਕਿਰਪਾ ਨਾਲ ਮੈਂ ਆਤਮਕ ਜੀਵਨ ਦੇਣ ਵਾਲਾ ਪਰਮਾਤਮਾ ਦਾ ਨਾਮ-ਰਸ ਪੀਤਾ ਹੈ, ਤੇ ਮੇਰਾ ਮਨ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਗਿਆ ਹੈ। ਮੈਂ ਉਸ ਪਰਮਾਤਮਾ ਵਿਚ ਟਿਕ ਗਿਆ ਹਾਂ ਜਿਸ ਨੂੰ ਕੋਈ ਡਰ ਪੋਹ ਨਹੀਂ ਸਕਦਾ ॥੨॥
9034	209	ਮਾਨਿ ਆਗਿਆ ਸਰਬ ਸੁਖ ਪਾਏ ਦੂਖਹ ਠਾਉ ਗਵਾਇਓ॥	(ਠਾਉ) ਥਾਂ	Maan Aagiaa Sarab Sukh Paaeae Dhookheh Thaao Gavaaeiou ||	Accepting the Command of the Lord's Will, I have found total peace; the home of suffering has been destroyed.	(ਹੇ ਭਾਈ!) ਗੁਰੂ ਦਾ ਹੁਕਮ ਮੰਨ ਕੇ ਮੈਂ ਸਾਰੇ ਸੁਖ-ਆਨੰਦ ਪ੍ਰਾਪਤ ਕਰ ਲਏ ਹਨ, ਮੈਂ ਆਪਣੇ ਅੰਦਰੋਂ ਦੁੱਖਾਂ ਦਾ ਡੇਰਾ ਹੀ ਉਠਾ ਦਿੱਤਾ ਹੈ।
9035	209	ਜਉ ਸੁਪ੍ਰਸੰਨ ਭਏ ਪ੍ਰਭ ਠਾਕੁਰ ਸਭੁ ਆਨਦ ਰੂਪੁ ਦਿਖਾਇਓ॥੩॥	ਸੁਪ੍ਰਸੰਨ	Jo Suprasann Bheae Prabh Thaakur Sabh Aanadh Roop Dhikhaaeiou ||3||	When God, our Lord and Master was totally pleased, He revealed everything in the form of ecstasy. ||3||	ਜਦੋਂ ਤੋਂ (ਗੁਰੂ ਦੀ ਕਿਰਪਾ ਨਾਲ) ਠਾਕੁਰ-ਪ੍ਰਭੂ ਜੀ ਮੇਰੇ ਉਤੇ ਮਿਹਰਬਾਨ ਹੋਏ ਹਨ, ਮੈਨੂੰ ਹਰ ਥਾਂ ਉਹ ਆਨੰਦ-ਸਰੂਪ ਪਰਮਾਤਮਾ ਹੀ ਦਿੱਸ ਰਿਹਾ ਹੈ ॥੩॥

9036	209	ਨਾ ਕਿਛੁ ਆਵਤ ਨਾ ਕਿਛੁ ਜਾਵਤ ਸਭੁ ਖੇਲੁ ਕੀਓ ਹਰਿ ਰਾਇਓ॥		Naa Kishh Aavath Naa Kishh Jaavath Sabh Khael Keeou Har Raaeiou ||	Nothing comes, and nothing goes; this play is all set in motion by the Lord, the Sovereign King.	(ਹੇ ਭਾਈ! ਜਦੋਂ ਤੋਂ ਸਤਿਗੁਰੂ ਜੀ ਮੇਰੇ ਉਤੇ ਦਇਆਵਾਨ ਹੋਏ ਹਨ, ਮੈਨੂੰ ਨਿਸ਼ਚਾ ਆ ਗਿਆ ਹੈ ਕਿ) ਨਾਹ ਕੁਝ ਜੰਮਦਾ ਹੈ ਨਾਹ ਕੁਝ ਮਰਦਾ ਹੈ, ਇਹ ਸਾਰਾ ਤਾਂ ਪ੍ਰਭੂ-ਪਾਤਿਸ਼ਾਹ ਨੇ ਇਕ ਖੇਲ ਰਚਾਇਆ ਹੋਇਆ ਹੈ।
9037	209	ਕਹੁ ਨਾਨਕ ਅਗਮ ਅਗਮ ਹੈ ਠਾਕੁਰ ਭਗਤ ਟੇਕ ਹਰਿ ਨਾਇਓ॥੪॥੧੫॥੧੩੬॥	(ਟੇਕ) ਆਸਰਾ	Kahu Naanak Agam Agam Hai Thaakur Bhagath Ttaek Har Naaeiou ||4||15||136||	Says Nanak, our Lord and Master is inaccessible and unfathomable. The Lord's devotees take His Name as their Support. ||4||15||136||	ਨਾਨਕ ਆਖਦਾ ਹੈ- ਸਰਬ-ਪਾਲਕ ਪਰਮਾਤਮਾ ਅਪਹੁੰਚ ਹੈ, ਸਭ ਜੀਵਾਂ ਦੀ ਪਹੁੰਚ ਤੋਂ ਪਰੇ ਹੈ। ਉਸ ਦੇ ਭਗਤਾਂ ਨੂੰ ਉਸ ਹਰੀ ਦੇ ਨਾਮ ਦਾ ਹੀ ਸਹਾਰਾ ਹੈ ॥੪॥੧੫॥੧੩੬॥
9038	209	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
9039	209	ਪਾਰਬ੍ਰਹਮ ਪੂਰਨ ਪਰਮੇਸੁਰ ਮਨ ਤਾ ਕੀ ਓਟ ਗਹੀਜੈ ਰੇ॥	(ਗਹੀਜੈ) ਲਈਏ	Paarabreham Pooran Paramaesur Man Thaa Kee Outt Geheejai Rae ||	He is the Supreme Lord God, the Perfect Transcendent Lord; O my mind, hold tight to the Support of the One	ਹੇ ਮੇਰੇ ਮਨ! ਉਸ ਪਰਮਾਤਮਾ ਦਾ ਆਸਰਾ ਲੈਣਾ ਚਾਹੀਦਾ ਹੈ, ਜੋ ਬੇਅੰਤ ਹੈ, ਸਰਬ-ਵਿਆਪਕ ਹੈ, ਤੇ ਸਭ ਤੋਂ ਵੱਡਾ ਮਾਲਕ ਹੈ!

9040	209	ਜਿਨਿ ਧਾਰੇ ਬ੍ਰਹਮੰਡ ਖੰਡ ਹਰਿ ਤਾ ਕੋ ਨਾਮੁ ਜਪੀਜੈ ਰੇ॥੧॥ਰਹਾਉ॥		Jin Dhhaarae Brehamandd Khandd Har Thaa Ko Naam Japeejai Rae ||1|| Rehaao ||	Who established the solar systems and galaxies. Chant the Name of that Lord. ||1||Pause||	ਹੇ ਮਨ! ਉਸ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ, ਜਿਸ ਨੇ ਸਾਰੇ ਧਰਤੀ-ਮੰਡਲਾਂ ਨੂੰ, ਸਾਰੇ ਜਗਤ ਨੂੰ (ਪੈਦਾ ਕਰ ਕੇ) ਸਹਾਰਾ ਦਿੱਤਾ ਹੋਇਆ ਹੈ ॥੧॥ ਰਹਾਉ ॥
9041	209	ਮਨ ਕੀ ਮਤਿ ਤਿਆਗਹੁ ਹਰਿ ਜਨ ਹੁਕਮੁ ਬੂਝਿ ਸੁਖੁ ਪਾਈਐ ਰੇ॥		Man Kee Math Thiaagahu Har Jan Hukam Boojh Sukh Paaeeai Rae ||	Renounce the intellectual cleverness of your mind, O humble servants of the Lord; understanding the Hukam of His Command, peace is found.	ਹੇ ਹਰੀ ਦੇ ਸੇਵਕੋ! ਆਪਣੇ ਮਨ ਦੀ ਚਤੁਰਾਈ ਛੱਡ ਦਿਹੋ। ਪਰਮਾਤਮਾ ਦੀ ਰਜ਼ਾ ਨੂੰ ਸਮਝ ਕੇ ਹੀ ਸੁਖ ਪਾ ਸਕੀਦਾ ਹੈ।
9042	209	ਜੋ ਪ੍ਰਭੁ ਕਰੈ ਸੋਈ ਭਲ ਮਾਨਹੁ ਸੁਖਿ ਦੁਖਿ ਓਹੀ ਧਿਆਈਐ ਰੇ॥੧॥		Jo Prabh Karai Soee Bhal Maanahu Sukh Dhukh Ouhee Dhhiaaeeai Rae ||1||	Whatever God does, accept that with pleasure; in comfort and in suffering, meditate on Him. ||1||	ਹੇ ਸੰਤ ਜਨੋ! ਸੁਖ ਵਿਚ (ਭੀ), ਤੇ ਦੁਖ ਵਿਚ (ਭੀ) ਉਸ ਪਰਮਾਤਮਾ ਨੂੰ ਹੀ ਯਾਦ ਕਰਨਾ ਚਾਹੀਦਾ ਹੈ। ਜੋ ਕੁਝ ਪਰਮਾਤਮਾ ਕਰਦਾ ਹੈ, ਉਸਨੂੰ ਭਲਾ ਕਰ ਕੇ ਮੰਨੋ ॥੧॥

9043	209	ਕੋਟਿ ਪਤਿਤ ਉਧਾਰੇ ਖਿਨ ਮਹਿ ਕਰਤੇ ਬਾਰ ਨ ਲਾਗੈ ਰੇ॥		Kott Pathith Oudhhaarae Khin Mehi Karathae Baar N Laagai Rae ||	The Creator emancipates millions of sinners in an instant, without a moment's delay.	(ਹੇ ਹਰਿ ਜਨੋ!) ਵਿਕਾਰਾਂ ਵਿਚ ਡਿੱਗੇ ਹੋਏ ਕ੍ਰੋੜਾਂ ਬੰਦਿਆਂ ਨੂੰ (ਜੇ ਚਾਹੇ ਤਾਂ) ਕਰਤਾਰ ਇਕ ਖਿਨ ਵਿਚ (ਵਿਕਾਰਾਂ ਤੋਂ) ਬਚਾ ਲੈਂਦਾ ਹੈ, (ਤੇ ਇਹ ਕੰਮ ਕਰਦਿਆਂ) ਕਰਤਾਰ ਨੂੰ ਰਤਾ ਚਿਰ ਨਹੀਂ ਲੱਗਦਾ।
9044	209	ਦੀਨ ਦਰਦ ਦੁਖ ਭੰਜਨ ਸੁਆਮੀ ਜਿਸੁ ਭਾਵੈ ਤਿਸਹਿ ਨਿਵਾਜੈ ਰੇ॥੨॥		Dheen Dharadh Dhukh Bhanjan Suaamee Jis Bhaavai Thisehi Nivaajai Rae ||2||	The Lord, the Destroyer of the pain and sorrow of the poor, blesses those with whom He is pleased. ||2||	ਉਹ ਮਾਲਕ-ਪ੍ਰਭੂ ਗਰੀਬਾਂ ਦੇ ਦਰਦ-ਦੁੱਖ ਨਾਸ ਕਰਨ ਵਾਲਾ ਹੈ। ਜਿਸ ਉਤੇ ਉਹ ਪ੍ਰਸੰਨ ਹੁੰਦਾ ਹੈ, ਉਸ ਉਤੇ ਬਖ਼ਸ਼ਸ਼ ਕਰਦਾ ਹੈ ॥੨॥
9045	209	ਸਭ ਕੋ ਮਾਤ ਪਿਤਾ ਪ੍ਰਤਿਪਾਲਕ ਜੀਅ ਪ੍ਰਾਨ ਸੁਖਸਾਗਰੁ ਰੇ॥		Sabh Ko Maath Pithaa Prathipaalak Jeea Praan Sukh Saagar Rae ||	He is Mother and Father, the Cherisher of all; He is the Breath of life of all beings, the Ocean of peace.	ਹੇ ਭਾਈ! ਪਰਮਾਤਮਾ ਸਭ ਦੀਆਂ ਜਿੰਦਾਂ ਤੇ ਪ੍ਰਾਣਾਂ ਵਾਸਤੇ ਸੁਖਾਂ ਦਾ ਸਮੁੰਦਰ ਹੈ, ਸਭਨਾਂ ਦਾ ਮਾਂ-ਪਿਉ ਹੈ, ਸਭ ਦੀ ਪਾਲਣਾ ਕਰਦਾ ਹੈ।
9046	209	ਦੇਂਦੇ ਤੋਟਿ ਨਾਹੀ ਤਿਸੁ ਕਰਤੇ ਪੂਰਿ ਰਹਿਓ ਰਤਨਾਗਰੁ ਰੇ॥੩॥	ਸ਼ੁਭ ਗੁਣਾਂ ਰੂਪੀ (ਰਤਨੱਾਗਰੁ) ਰਤਨਾਂ ਦੇ ਭੰਡਾਰ	Dhaenadhae Thott Naahee This Karathae Poor Rehiou Rathanaagar Rae ||3||	While giving so generously, the Creator does not diminish at all. The Source of jewels, He is All-pervading. ||3||	(ਜੀਵਾਂ ਨੂੰ ਦਾਤਾਂ) ਦੇਂਦਿਆਂ ਉਸ ਕਰਤਾਰ ਦੇ ਖ਼ਜ਼ਾਨੇ ਵਿਚ ਕਮੀ ਨਹੀਂ ਹੁੰਦੀ, ਉਹ ਰਤਨਾਂ ਦੀ ਖਾਣ ਹੈ ਤੇ ਰਤਨਾਂ ਨਾਲ ਨਕਾ-ਨਕ ਭਰਿਆ ਹੋਇਆ ਹੈ ॥੩॥

9047	209	ਜਾਚਿਕੁ ਜਾਚੈ ਨਾਮੁ ਤੇਰਾ ਸੁਆਮੀ ਘਟ ਘਟ ਅੰਤਰਿ ਸੋਈ ਰੇ॥	(ਜਾਚਿਕੁ) ਮੰਗਤਾ	Jaachik Jaachai Naam Thaeraa Suaamee Ghatt Ghatt Anthar Soee Rae ||	The beggar begs for Your Name, O Lord and Master; God is contained deep within the nucleus of each and every heart.	ਹੇ ਮੇਰੇ ਮਾਲਕ! (ਤੇਰੇ ਦਰ ਦਾ) ਮੰਗਤਾ (ਨਾਨਕ) ਤੇਰਾ ਨਾਮ (ਦਾਤ ਵਜੋਂ) ਮੰਗਦਾ ਹੈ। (ਹੇ ਭਾਈ!) ਉਹ ਪਰਮਾਤਮਾ ਹੀ ਹਰੇਕ ਸਰੀਰ ਵਿਚ ਵੱਸ ਰਿਹਾ ਹੈ।
9048	209	ਨਾਨਕੁ ਦਾਸੁ ਤਾ ਕੀ ਸਰਣਾਈ ਜਾ ਤੇ ਬ੍ਰਿਥਾ ਨ ਕੋਈ ਰੇ॥੪॥੧੬॥੧੩੭॥		Naanak Dhaas Thaa Kee Saranaaee Jaa Thae Brithhaa N Koee Rae ||4||16||137||	Slave Nanak has entered His Sanctuary; no one returns from Him empty-handed. ||4||16||137||	(ਹੇ ਭਾਈ!) ਦਾਸ ਨਾਨਕ ਉਸ ਪਰਮਾਤਮਾ ਦੀ ਹੀ ਸਰਨ ਪਿਆ ਹੈ, ਜਿਸ ਦੇ ਦਰ ਤੋਂ ਕੋਈ ਨਿਰਾਸ ਨਹੀਂ ਜਾਂਦਾ ॥੪॥੧੬॥੧੩੭॥
9049	210	ਰਾਗੁ ਗਉੜੀ੧ ਪੂਰਬੀ ਮਹਲਾ ੫	ਰਾਗੁ ਗਉੜੀ ੧: ੜ ਪੈਰ ਚ ੧ ਨਹੀਂ ਪੜ੍ਹਨਾ, ਓਹ ਗਉੜੀ ਦੀ ਕਿਸਮ ਦਾ ਪ੍ਰਤੀਕ ਹੈ	Raag Gourree Poorabee Mehalaa 5	Raag Gauree Poorbee, Fifth Mehl:	ਰਾਗ ਗਉੜੀ-ਪੂਰਬੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
9050	210	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
9051	210	ਹਰਿ ਹਰਿ ਕਬਹੂ ਨ ਮਨਹੁ ਬਿਸਾਰੇ॥		Har Har Kabehoo N Manahu Bisaarae ||	Never forget the Lord, Har, Har, from your mind.	(ਹੇ ਭਾਈ!) ਕਦੇ ਭੀ ਪਰਮਾਤਮਾ ਨੂੰ ਆਪਣੇ ਮਨ ਤੋਂ ਨਾਹ ਵਿਸਾਰ।

9052	210	ਈਹਾ ਊਹਾ ਸਰਬ ਸੁਖਦਾਤਾ ਸਗਲ ਘਟਾ ਪ੍ਰਤਿਪਾਰੇ॥੧॥ਰਹਾਉ ॥		Eehaa Oohaa Sarab Sukhadhaathaa Sagal Ghattaa Prathipaarae ||1|| Rehaao ||	Here and hereafter, He is the Giver of all peace. He is the Cherisher of all hearts. ||1||Pause||	ਉਹ ਪਰਮਾਤਮਾ ਇਸ ਲੋਕ ਵਿਚ ਤੇ ਪਰਲੋਕ ਵਿਚ, ਸਭ ਜੀਵਾਂ ਨੂੰ ਸੁਖ ਦੇਣ ਵਾਲਾ ਹੈ, ਤੇ ਸਾਰੇ ਸਰੀਰਾਂ ਦੀ ਪਾਲਣਾ ਕਰਨ ਵਾਲਾ ਹੈ ॥੧॥ ਰਹਾਉ ॥
9053	210	ਮਹਾ ਕਸਟ ਕਾਟੈ ਖਿਨ ਭੀਤਰਿ ਰਸਨਾ ਨਾਮੁ ਚਿਤਾਰੇ॥		Mehaa Kasatt Kaattai Khin Bheethar Rasanaa Naam Chithaarae ||	He removes the most terrible pains in an instant, if the tongue repeats His Name.	(ਹੇ ਭਾਈ! ਜੇਹੜਾ ਮਨੁੱਖ ਆਪਣੀ) ਜੀਭ ਨਾਲ ਉਸ ਪਰਮਾਤਮਾ ਦਾ ਨਾਮ ਚੇਤੇ ਕਰਦਾ ਹੈ, ਉਸ ਮਨੁੱਖ ਦੇ ਉਹ (ਪ੍ਰਭੂ) ਵੱਡੇ ਵੱਡੇ ਕਸ਼ਟ ਇਕ ਖਿਨ ਵਿਚ ਦੂਰ ਕਰ ਦੇਂਦਾ ਹੈ।
9054	210	ਸੀਤਲ ਸਾਂਤਿ ਸੂਖ ਹਰਿ ਸਰਣੀ ਜਲਤੀ ਅਗਨਿ ਨਿਵਾਰੇ॥੧॥		Seethal Saanth Sookh Har Saranee Jalathee Agan Nivaarae ||1||	In the Lord's Sanctuary there is soothing coolness, peace and tranquility. He has extinguished the burning fire. ||1||	ਜੇਹੜੇ ਮਨੁੱਖ ਉਸ ਹਰੀ ਦੀ ਸਰਨ ਪੈਂਦੇ ਹਨ, ਉਹਨਾਂ ਦੇ ਅੰਦਰੋਂ ਉਹ ਹਰੀ (ਤ੍ਰਿਸ਼ਨਾ ਦੀ) ਬਲਦੀ ਅੱਗ ਬੁਝਾ ਦੇਂਦਾ ਹੈ, ਉਹ (ਵਿਕਾਰਾਂ ਦੀ ਅੱਗ ਵਲੋਂ) ਠੰਢੇ-ਠਾਰ ਹੋ ਜਾਂਦੇ ਹਨ, ਉਹਨਾਂ ਦੇ ਅੰਦਰ ਸ਼ਾਂਤੀ ਤੇ ਆਨੰਦ ਹੀ ਆਨੰਦ ਬਣ ਜਾਂਦੇ ਹਨ ॥੧॥
9055	210	ਗਰਭ ਕੁੰਡ ਨਰਕ ਤੇ ਰਾਖੈ ਭਵਜਲੁ ਪਾਰਿ ਉਤਾਰੇ॥		Garabh Kundd Narak Thae Raakhai Bhavajal Paar Outhaarae ||	He saves us from the hellish pit of the womb, and carries us across the terrifying world-ocean.	(ਹੇ ਭਾਈ! ਪਰਮਾਤਮਾ ਮਾਂ ਦੇ ਪੇਟ ਦੇ ਨਰਕ-ਕੁੰਡ ਤੋਂ ਬਚਾ ਲੈਂਦਾ ਹੈ। ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ।

9056	210	ਚਰਨਕਮਲ ਆਰਾਧਤ ਮਨ ਮਹਿ ਜਮ ਕੀ ਤ੍ਰਾਸ ਬਿਦਾਰੇ॥੨॥	(ਤ੍ਰਾਸ) ਡਰ। (ਬਿਦਾਰੇ) ਨਾਸ ਕਰੇ	Charan Kamal Aaraadhhath Man Mehi Jam Kee Thraas Bidhaarae ||2||	Adoring His Lotus Feet in the mind, the fear of death is banished. ||2||	ਪਰਮਾਤਮਾ ਦੇ ਸੋਹਣੇ ਚਰਨ ਮਨ ਵਿਚ ਆਰਾਧਿਆਂ ਉਹ ਮੌਤ ਦਾ ਸਹਮ ਦੂਰ ਕਰ ਦੇਂਦਾ ਹੈ ॥੨॥
9057	210	ਪੂਰਨ ਪਾਰਬ੍ਰਹਮ ਪਰਮੇਸੁਰ ਊਚਾ ਅਗਮ ਅਪਾਰੇ॥		Pooran Paarabreham Paramaesur Oochaa Agam Apaarae ||	He is the Perfect, Supreme Lord God, the Transcendent Lord, lofty, unfathomable and infinite.	(ਹੇ ਭਾਈ!) ਪਰਮਾਤਮਾ ਸਰਬ-ਵਿਆਪਕ ਹੈ, ਸਭ ਤੋਂ ਉੱਚਾ ਮਾਲਕ ਹੈ, ਅਪਹੁੰਚ ਹੈ, ਬੇਅੰਤ ਹੈ।
9058	210	ਗੁਣ ਗਾਵਤ ਧਿਆਵਤ ਸੁਖਸਾਗਰ ਜੂਏ ਜਨਮੁ ਨ ਹਾਰੇ॥੩॥		Gun Gaavath Dhhiaavath Sukh Saagar Jooeae Janam N Haarae ||3||	Singing His Glorious Praises, and meditating on the Ocean of peace, one's life is not lost in the gamble. ||3||	ਉਸ ਸੁਖਾਂ ਦੇ ਸਮੁੰਦਰ ਪ੍ਰਭੂ ਦੇ ਗੁਣ ਗਾਵਿਆਂ ਤੇ ਨਾਮ ਆਰਾਧਿਆਂ ਮਨੁੱਖ ਆਪਣਾ ਮਨੁੱਖਾ ਜਨਮ ਵਿਅਰਥ ਨਹੀਂ ਗਵਾ ਜਾਂਦਾ ॥੩॥
9059	210	ਕਾਮਿ ਕ੍ਰੋਧਿ ਲੋਭਿ ਮੋਹਿ ਮਨੁ ਲੀਨੋ ਨਿਰਗੁਣ ਕੇ ਦਾਤਾਰੇ॥	ਦਾਤਾਰੇ। ਮਿਲਵਾਂ	Kaam Krodhh Lobh Mohi Man Leeno Niragun Kae Dhaathaarae ||	My mind is engrossed in sexual desire, anger, greed and attachment, O Giver to the unworthy.	ਹੇ (ਮੈਂ) ਗੁਣ-ਹੀਣ ਦੇ ਦਾਤਾਰ! ਮੇਰਾ ਮਨ ਕਾਮ ਵਿਚ, ਕਰੋਧ ਵਿਚ, ਲੋਭ ਵਿਚ, ਮੋਹ ਵਿਚ ਫਸਿਆ ਪਿਆ ਹੈ।

9060	210	ਕਰਿ ਕਿਰਪਾ ਅਪੁਨੋ ਨਾਮੁ ਦੀਜੈ ਨਾਨਕ ਸਦ ਬਲਿਹਾਰੇ॥੪॥੧॥੧੩੮॥		Kar Kirapaa Apuno Naam Dheejai Naanak Sadh Balihaarae ||4||1||138||	Please grant Your Grace, and bless me with Your Name; Nanak is forever a sacrifice to You. ||4||1||138||	ਹੇ ਨਾਨਕ! (ਅਰਦਾਸ ਕਰ ਤੇ ਆਖ)-ਮਿਹਰ ਕਰ, ਮੈਨੂੰ ਆਪਣਾ ਨਾਮ ਬਖ਼ਸ਼, ਮੈਂ ਤੈਥੋਂ ਸਦਾ ਕੁਰਬਾਨ ਜਾਂਦਾ ਹਾਂ ॥੪॥੧॥੧੩੮॥
9061	210	ਰਾਗੁ ਗਉੜੀ ਚੇਤੀ ਮਹਲਾ ੫		Raag Gourree Chaethee Mehalaa 5	Raag Gauree Chaytee, Fifth Mehl:	ਰਾਗ ਗਉੜੀ-ਚੇਤੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
9062	210	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
9063	210	ਸੁਖੁ ਨਾਹੀ ਰੇ ਹਰਿ ਭਗਤਿ ਬਿਨਾ॥		Sukh Naahee Rae Har Bhagath Binaa ||	There is no peace without devotional worship of the Lord.	(ਹੇ ਭਾਈ!) ਪਰਮਾਤਮਾ ਦੀ ਭਗਤੀ ਤੋਂ ਬਿਨਾ (ਹੋਰ ਕਿਸੇ ਤਰੀਕੇ ਨਾਲ) ਸੁਖ ਨਹੀਂ ਮਿਲ ਸਕਦਾ।
9064	210	ਜੀਤਿ ਜਨਮੁ ਇਹੁ ਰਤਨੁ ਅਮੋਲਕੁ ਸਾਧਸੰਗਤਿ ਜਪਿ ਇਕ ਖਿਨਾ॥੧॥ਰਹਾਉ॥	(ਇਕ) ਇਕ ਇਕ (ਖਿਨਾ) ਪਲ	Jeeth Janam Eihu Rathan Amolak Saadhhasangath Jap Eik Khinaa ||1|| Rehaao ||	Be victorious, and win the priceless jewel of this human life, by meditating on Him in the Saadh Sangat, the Company of the Holy, even for an instant. ||1||Pause||	(ਇਸ ਵਾਸਤੇ) ਸਾਧ ਸੰਗਤਿ ਵਿਚ ਮਿਲ ਕੇ ਪਲ ਪਲ ਪਰਮਾਤਮਾ ਦਾ ਨਾਮ ਜਪ ਤੇ ਇਹ ਮਨੁੱਖਾ ਜਨਮ (ਦੀ ਬਾਜ਼ੀ) ਜਿੱਤ ਲੈ। ਇਹ (ਮਨੁੱਖਾ ਜਨਮ) ਇਕ ਐਸਾ ਰਤਨ ਹੈ ਜਿਸ ਦੀ ਕੀਮਤ ਨਹੀਂ ਪਾਈ ਜਾ ਸਕਦੀ (ਜੋ ਕਿਸੇ ਮੁੱਲ ਤੋਂ ਨਹੀਂ ਮਿਲ ਸਕਦਾ) ॥੧॥ ਰਹਾਉ ॥

9065	210	ਸੁਤ ਸੰਪਤਿ ਬਨਿਤਾ ਬਿਨੋਦ॥	(ਸੁਤ) ਪੁੱਤ੍ਰ। (ਸੰਪਤਿ) ਧਨ। (ਬਨਿ-ਤਾ) ਇਸਤ੍ਰੀ	Suth Sanpath Banithaa Binodh ||	Many have renounced and left their children,	(ਹੇ ਭਾਈ!) ਪੁੱਤਰ, ਧਨ, ਪਦਾਰਥ, ਇਸਤ੍ਰੀ ਦੇ ਲਾਡ-ਪਿਆਰ-ਅਨੇਕਾਂ ਲੋਕ-
9066	210	ਛੋਡਿ ਗਏ ਬਹੁ ਲੋਗ ਭੋਗ॥੧॥		Shhodd Geae Bahu Log Bhog ||1||	Wealth, spouses, joyful games and pleasures. ||1||	ਇਹੋ ਜਿਹੇ ਮੌਜ-ਮੇਲੇ ਛੱਡ ਕੇ (ਇਥੋਂ) ਚਲੇ ਗਏ (ਤੇ ਚਲੇ ਜਾਣਗੇ) ॥੧॥
9067	210	ਹੈਵਰ ਗੈਵਰ ਰਾਜ ਰੰਗ॥	(ਹੈਵਰ) ਸ੍ਰੇਸ਼ਟ ਘੋੜੇ। (ਗੈਵਰ) ਹਾਥੀ	Haivar Gaivar Raaj Rang ||	Horses, elephants and the pleasures of power	(ਹੇ ਭਾਈ!) ਵਧੀਆ ਘੋੜੇ, ਵਧੀਆ ਹਾਥੀ ਤੇ ਹਕੂਮਤ ਦੀਆਂ ਮੌਜਾਂ-
9068	210	ਤਿਆਗਿ ਚਲਿਓ ਹੈ ਮੂੜ ਨੰਗ॥੨॥		Thiaag Chaliou Hai Moorr Nang ||2||	- leaving these behind, the fool must depart naked. ||2||	ਮੂਰਖ ਮਨੁੱਖ ਇਹਨਾਂ ਨੂੰ ਛੱਡ ਕੇ (ਆਖ਼ਿਰ) ਨੰਗਾ ਹੀ (ਇਥੋਂ) ਤੁਰ ਪੈਂਦਾ ਹੈ ॥੨॥
9069	210	ਚੋਆ ਚੰਦਨ ਦੇਹ ਫੂਲਿਆ॥		Choaa Chandhan Dhaeh Fooliaa ||	The body, scented with musk and sandalwood	(ਹੇ ਭਾਈ! ਮਨੁੱਖ ਆਪਣੇ) ਸਰੀਰ ਨੂੰ ਅਤਰ ਤੇ ਚੰਦਨ (ਆਦਿਕ ਲਾ ਕੇ) ਮਾਣ ਕਰਦਾ ਹੈ,
9070	210	ਸੋ ਤਨੁ ਧਰ ਸੰਗਿ ਰੂਲਿਆ॥੩॥		So Than Dhhar Sang Rooliaa ||3||	- that body shall come to roll in the dust. ||3||	(ਪਰ ਇਹ ਨਹੀਂ ਸਮਝਦਾ ਕਿ) ਉਹ ਸਰੀਰ (ਆਖ਼ਿਰ) ਮਿੱਟੀ ਵਿਚ ਰੁਲ ਜਾਂਦਾ ਹੈ ॥੩॥
9071	210	ਮੋਹਿ ਮੋਹਿਆ ਜਾਨੈ ਦੂਰਿ ਹੈ॥		Mohi Mohiaa Jaanai Dhoor Hai ||	Infatuated with emotional attachment, they think that God is far away.	(ਹੇ ਭਾਈ! ਮਾਇਆ ਦੇ) ਮੋਹ ਵਿਚ ਫਸਿਆ ਮਨੁੱਖ ਸਮਝਦਾ ਹੈ (ਕਿ ਪਰਮਾਤਮਾ ਕਿਤੇ) ਦੂਰ ਵੱਸਦਾ ਹੈ।
9072	210	ਕਹੁ ਨਾਨਕ ਸਦਾ ਹਦੂਰਿ ਹੈ॥੪॥੧॥੧੩੯॥		Kahu Naanak Sadhaa Hadhoor Hai ||4||1||139||	Says Nanak, he is Ever-present! ||4||1||139||	(ਪਰ) ਨਾਨਕ ਆਖਦਾ ਹੈ- ਪਰਮਾਤਮਾ ਸਦਾ (ਹਰੇਕ ਜੀਵ ਦੇ ਅੰਗ ਸੰਗ ਵੱਸਦਾ ਹੈ ॥੪॥੧॥੧੩੯॥

9073	210	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
9074	210	ਮਨ ਧਰ ਤਰਬੇ ਹਰਿ ਨਾਮ ਨੋ॥	ਹਰਿ ਨਾਮ ਦੀ (ਧਰ) ਟੇਕ ਧਾਰਨ ਕੀਤੀ ਹੈ। (ਤਰਬੇ) ਤਰਨ ਲਈ	Man Dhhar Tharabae Har Naam No ||	O mind, cross over with the Support of the Lord's Name.	ਹੇ ਮਨ! ਪਰਮਾਤਮਾ ਦਾ ਨਾਮ (ਸੰਸਾਰ-ਸਮੁੰਦਰ ਤੋਂ) ਪਾਰ ਲੰਘਣ ਲਈ ਆਸਰਾ ਹੈ।
9075	210	ਸਾਗਰ ਲਹਰਿ ਸੰਸਾ ਸੰਸਾਰੁ ਗੁਰੁ ਬੋਹਿਥੁ ਪਾਰਗਰਾਮਨੋ॥੧॥ਰਹਾਉ॥	(ਪਾਰ-ਗਰਾਮਨੋ) ਪਾਰ ਕਰਨ ਵਾਲੇ	Saagar Lehar Sansaa Sansaar Gur Bohithh Paar Garaamano ||1|| Rehaao ||	The Guru is the boat to carry you across the world-ocean, through the waves of cynicism and doubt. ||1||Pause||	ਇਹ ਸੰਸਾਰ ਸਹਿਮ-ਫ਼ਿਕਰਾਂ ਦੀਆਂ ਲਹਿਰਾਂ ਨਾਲ ਭਰਿਆ ਹੋਇਆ ਸਮੁੰਦਰ ਹੈ। ਗੁਰੂ ਜਹਾਜ਼ ਹੈ ਜੋ ਇਸ ਵਿਚੋਂ ਪਾਰ ਲੰਘਾਣ ਦੇ ਸਮਰੱਥ ਹੈ ॥੧॥ ਰਹਾਉ ॥
9076	210	ਕਲਿ ਕਾਲਖ ਅੰਧਿਆਰੀਆ॥	(ਕਲਿ) ਕਲਿਜੁੱਗ, ਕਲੇਸ਼	Kal Kaalakh Andhhiaareeaa ||	In this Dark Age of Kali Yuga, there is only pitch darkness.	(ਹੇ ਭਾਈ! ਦੁਨੀਆ ਦੀ ਖ਼ਾਤਰ) ਝਗੜੇ-ਬਖੇੜੇ (ਇਕ ਐਸੀ) ਕਾਲਖ ਹੈ (ਜੋ ਮਨੁੱਖ ਦੇ ਮਨ ਵਿਚ ਮੋਹ ਦਾ) ਹਨੇਰਾ ਪੈਦਾ ਕਰਦੀ ਹੈ।
9077	210	ਗੁਰ ਗਿਆਨ ਦੀਪਕ ਉਜਿਆਰੀਆ॥੧॥	(ਉਜਿਆਰੀਆ) ਪ੍ਰਕਾਸ਼ ਕੀਤਾ	Gur Giaan Dheepak Oujiaareeaa ||1||	The lamp of the Guru's spiritual wisdom illuminates and enlightens. ||1||	ਗੁਰੂ ਦਾ ਗਿਆਨ ਦੀਵਾ ਹੈ ਜੋ (ਮਨ ਵਿਚ ਉੱਚੇ ਆਤਮਕ ਜੀਵਨ ਦਾ) ਚਾਨਣ ਪੈਦਾ ਕਰਦਾ ਹੈ ॥੧॥

9078	210	ਬਿਖੁ ਬਿਖਿਆ ਪਸਰੀ ਅਤਿ ਘਨੀ॥	(ਪਸਰੀ) ਫੈਲੀ। (ਘਨੀ) ਸੰਘਣੀ	Bikh Bikhiaa Pasaree Ath Ghanee ||	The poison of corruption is spread out far and wide.	(ਹੇ ਭਾਈ!) ਮਾਇਆ (ਦੇ ਮੋਹ) ਦੀ ਜ਼ਹਰ (ਜਗਤ ਵਿਚ) ਬਹੁਤ ਸੰਘਣੀ ਖਿਲਰੀ ਹੋਈ ਹੈ।
9079	210	ਉਬਰੇ ਜਪਿ ਜਪਿ ਹਰਿ ਗੁਨੀ॥੨॥		Oubarae Jap Jap Har Gunee ||2||	Only the virtuous are saved, chanting and meditating on the Lord. ||2||	ਪਰਮਾਤਮਾ ਦੇ ਗੁਣਾਂ ਨੂੰ ਯਾਦ ਕਰ ਕਰ ਕੇ ਹੀ (ਮਨੁੱਖ ਇਸ ਜ਼ਹਰ ਦੀ ਮਾਰ ਤੋਂ) ਬਚ ਸਕਦੇ ਹਨ ॥੨॥
9080	210	ਮਤਵਾਰੋ ਮਾਇਆ ਸੋਇਆ॥	(ਮੱਤਵਾਰੋ)ਕਮਲ਼ਾ	Mathavaaro Maaeiaa Soeiaa ||	Intoxicated with Maya, the people are asleep.	(ਹੇ ਭਾਈ!) ਮਾਇਆ ਵਿਚ ਮਸਤ ਹੋਇਆ ਮਨੁੱਖ (ਮੋਹ ਦੀ ਨੀਂਦ ਵਿਚ) ਸੁੱਤਾ ਰਹਿੰਦਾ ਹੈ,
9081	210	ਗੁਰ ਭੇਟਤ ਭ੍ਰਮੁ ਭਉ ਖੋਇਆ॥੩॥	(ਭੇਟਤ) ਮਿਲਦਿਆਂ	Gur Bhaettath Bhram Bho Khoeiaa ||3||	Meeting the Guru, doubt and fear are dispelled. ||3||	ਪਰ ਗੁਰੂ ਨੂੰ ਮਿਲਿਆਂ (ਮਨੁੱਖ ਮਾਇਆ ਦੀ ਖ਼ਾਤਰ) ਭਟਕਣ ਤੇ (ਦੁਨੀਆ ਦਾ) ਸਹਮ-ਡਰ ਦੂਰ ਕਰ ਲੈਂਦਾ ਹੈ ॥੩॥
9082	210	ਕਹੁ ਨਾਨਕ ਏਕੁ ਧਿਆਇਆ॥		Kahu Naanak Eaek Dhhiaaeiaa ||	Says Nanak, meditate on the One Lord;	ਨਾਨਕ ਆਖਦਾ ਹੈ- ਜਿਸ ਮਨੁੱਖ ਨੇ ਇਕ ਪਰਮਾਤਮਾ ਦਾ ਧਿਆਨ ਧਰਿਆ ਹੈ,
9083	210	ਘਟਿ ਘਟਿ ਨਦਰੀ ਆਇਆ॥੪॥੨॥੧੪੦॥		Ghatt Ghatt Nadharee Aaeiaa ||4||2||140||	Behold Him in each and every heart. ||4||2||140||	ਉਸ ਨੂੰ ਪਰਮਾਤਮਾ ਹਰੇਕ ਸਰੀਰ ਵਿਚ ਵੱਸਦਾ ਦਿੱਸ ਪਿਆ ਹੈ ॥੪॥੨॥੧੪੦॥
9084	210	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

9085	210	ਦੀਬਾਨੁ ਹਮਾਰੋ ਤੁਹੀ ਏਕ॥	(ਦੀਬਾਨੁ) ਆਸਰਾ	Dheebaan Hamaaro Thuhee Eaek ||	You alone are my Chief Advisor.	ਹੇ ਪ੍ਰਭੂ! ਸਿਰਫ਼ ਤੂੰ ਹੀ ਮੇਰਾ ਆਸਰਾ ਹੈਂ।
9086	210	ਸੇਵਾ ਥਾਰੀ ਗੁਰਹਿ ਟੇਕ॥੧॥ਰਹਾਉ॥	(ਥਾਰੀ) ਆਪਜੀ ਦੀ। ਗੁਰ-ਹਿ	Saevaa Thhaaree Gurehi Ttaek ||1|| Rehaao ||	I serve You with the Support of the Guru. ||1||Pause||	ਗੁਰੂ ਦੀ ਓਟ ਲੈ ਕੇ ਮੈਂ ਤੇਰੀ ਹੀ ਸੇਵਾ-ਭਗਤੀ ਕਰਦਾ ਹਾਂ ॥੧॥ ਰਹਾਉ ॥
9087	210	ਅਨਿਕ ਜੁਗਤਿ ਨਹੀ ਪਾਇਆ॥		Anik Jugath Nehee Paaeiaa ||	By various devices, I could not find You.	ਹੇ ਪ੍ਰਭੂ! (ਹੋਰ ਹੋਰ) ਅਨੇਕਾਂ ਢੰਗਾਂ ਨਾਲ ਮੈਂ ਤੈਨੂੰ ਨਹੀਂ ਲੱਭ ਸਕਿਆ।
9088	210	ਗੁਰਿ ਚਾਕਰ ਲੈ ਲਾਇਆ॥੧॥		Gur Chaakar Lai Laaeiaa ||1||	Taking hold of me, the Guru has made me Your slave. ||1||	(ਹੁਣ) ਗੁਰੂ ਨੇ (ਮਿਹਰ ਕਰ ਕੇ ਮੈਨੂੰ) ਤੇਰਾ ਚਾਕਰ ਬਣਾ ਕੇ (ਤੇਰੀ ਚਰਨੀਂ) ਲਾ ਦਿੱਤਾ ਹੈ ॥੧॥
9089	210	ਮਾਰੇ ਪੰਚ ਬਿਖਾਦੀਆ॥	(ਬਿਖਾਦੀਆ) ਦੁੱਖਦਾਈ	Maarae Panch Bikhaadheeaa ||	I have conquered the five tyrants.	(ਹੇ ਪ੍ਰਭੂ! ਹੁਣ ਮੈਂ ਕਾਮਾਦਿਕ) ਪੰਜੇ ਝਗੜਾਲੂ ਵੈਰੀ ਮਾਰ ਮੁਕਾਏ ਹਨ,
9090	210	ਗੁਰ ਕਿਰਪਾ ਤੇ ਦਲੁ ਸਾਧਿਆ॥੨॥	ਦਲੁ: ਪੋਲਾ ਬੋਲੋ, ਸੱਧਿਆ	Gur Kirapaa Thae Dhal Saadhhiaa ||2||	By Guru's Grace, I have vanquished the army of evil. ||2||	ਗੁਰੂ ਦੀ ਮਿਹਰ ਨਾਲ ਮੈਂ (ਇਹਨਾਂ ਪੰਜਾਂ ਦੀ) ਫ਼ੌਜ ਕਾਬੂ ਕਰ ਲਈ ਹੈ ॥੨॥
9091	210	ਬਖਸੀਸ ਵਜਹੁ ਮਿਲਿ ਏਕੁ ਨਾਮ॥	ਵਜਹੁ:ਪੋਲਾ ਬੋਲੋ। (ਵਜਹੁ) ਦੁਆਰਾ	Bakhasees Vajahu Mil Eaek Naam ||	I have received the One Name as His bounty and blessing.	(ਹੇ ਪ੍ਰਭੂ! ਜਿਸ ਮਨੁੱਖ ਨੂੰ) ਸਿਰਫ਼ ਤੇਰਾ ਨਾਮ ਬਖ਼ਸ਼ੀਸ਼ ਦੇ ਤੌਰ ਤੇ ਮਿਲ ਜਾਂਦਾ ਹੈ,
9092	210	ਸੂਖ ਸਹਜ ਆਨੰਦ ਬਿਸ੍ਰਾਮ॥੩॥	(ਬਿਸ੍ਰਾਮ) ਵਾਸਾ, ਟਿਕਾਅ	Sookh Sehaj Aanandh Bisraam ||3||	Now, I dwell in peace, poise and bliss. ||3||	ਉਸ ਦੇ ਅੰਦਰ ਆਤਮਕ ਅਡੋਲਤਾ ਦੇ ਸੁਖ ਆਨੰਦ ਵੱਸ ਪੈਂਦੇ ਹਨ ॥੩॥

9093	211	ਪ੍ਰਭ ਕੇ ਚਾਕਰ ਸੇ ਭਲੇ॥	ਭਲੇ: ਪੋਲਾ ਬੋਲੋ	Prabh Kae Chaakar Sae Bhalae ||	The slaves of God are good.	(ਜੇਹੜੇ ਮਨੁੱਖ) ਪਰਮਾਤਮਾ ਦੇ ਸੇਵਕ ਬਣਦੇ ਹਨ,
9094	211	ਨਾਨਕ ਤਿਨ ਮੁਖ ਊਜਲੇ॥੪॥੩॥੧੪੧॥		Naanak Thin Mukh Oojalae ||4||3||141||	O Nanak, their faces are radiant. ||4||3||141||	ਹੇ ਨਾਨਕ! (ਆਖ-) ਉਹ ਭਾਗਾਂ ਵਾਲੇ ਹੋ ਜਾਂਦੇ ਹਨ (ਪਰਮਾਤਮਾ ਦੇ ਦਰਬਾਰ ਵਿਚ) ਉਹਨਾਂ ਦੇ ਮੂੰਹ ਰੋਸ਼ਨ ਹੁੰਦੇ ਹਨ ॥੪॥੩॥੧੪੧॥
9095	211	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
9096	211	ਜੀਅਰੇ ਓਲ੍ਹਾ ਨਾਮ ਕਾ॥	(ਓਲ੍ਹਾ) ਆਸਰਾ	Jeearae Oulhaa Naam Kaa ||	Hey, soul: your only Support is the Naam, the Name of the Lord.	ਹੇ ਮੇਰੀ ਜਿੰਦੇ! ਪਰਮਾਤਮਾ ਦੇ ਨਾਮ ਦਾ (ਹੀ) ਆਸਰਾ (ਲੋਕ ਪਰਲੋਕ ਵਿਚ ਸਹਾਇਤਾ ਕਰਦਾ ਹੈ)।
9097	211	ਅਵਰੁ ਜਿ ਕਰਨ ਕਰਾਵਨੋ ਤਿਨ ਮਹਿ ਭਉ ਹੈ ਜਾਮ ਕਾ॥੧॥ਰਹਾਉ॥		Avar J Karan Karaavano Thin Mehi Bho Hai Jaam Kaa ||1|| Rehaao ||	Whatever else you do or make happen, the fear of death still hangs over you. ||1||Pause||	(ਨਾਮ ਤੋਂ ਬਿਨਾ ਮਾਇਆ ਦੀ ਖ਼ਾਤਰ) ਹੋਰ ਜਿਤਨਾ ਭੀ ਉੱਦਮ-ਜਤਨ ਹੈ ਉਹਨਾਂ ਸਾਰੇ ਕੰਮਾਂ ਵਿਚ ਆਤਮਕ ਮੌਤ ਦਾ ਖ਼ਤਰਾ (ਬਣਦਾ ਜਾਂਦਾ ਹੈ) ॥੧॥ ਰਹਾਉ ॥
9098	211	ਅਵਰ ਜਤਨਿ ਨਹੀ ਪਾਈਐ॥		Avar Jathan Nehee Paaeeai ||	He is not obtained by any other efforts.	(ਸਿਮਰਨ ਤੋਂ ਬਿਨਾ ਕਿਸੇ ਭੀ) ਹੋਰ ਜਤਨ ਨਾਲ ਪਰਮਾਤਮਾ ਨਹੀਂ ਮਿਲਦਾ।
9099	211	ਵਡੈਭਾਗਿ ਹਰਿ ਧਿਆਈਐ॥੧॥		Vaddai Bhaag Har Dhhiaaeeai ||1||	By great good fortune, meditate on the Lord. ||1||	(ਪਰ) ਵੱਡੀ ਕਿਸਮਤਿ ਨਾਲ ਹੀ ਪਰਮਾਤਮਾ ਦਾ ਸਿਮਰਨ ਕੀਤਾ ਜਾ ਸਕਦਾ ਹੈ ॥੧॥

9100	211	ਲਾਖ ਹਿਕਮਤੀ ਜਾਨੀਐ॥	(ਲਾਖ) ਲੱਖਾਂ। ਹਿਕਮਤੀ :ਪੋਲਾ ਬੋਲੋ। (ਹਿਕਮਤੀ) ਚਤੁਰਾਈਆਂ ਸਿਆਣਪਾਂ	Laakh Hikamathee Jaaneeai ||	You may know hundreds of thousands of clever tricks,	(ਜੇ ਜਗਤ ਵਿਚ) ਲੱਖਾਂ ਚਤੁਰਾਈਆਂ ਦੇ ਕਾਰਨ ਇੱਜ਼ਤ ਖੱਟ ਲਈਏ,
9101	211	ਆਗੈ ਤਿਲੁ ਨਹੀ ਮਾਨੀਐ॥੨॥		Aagai Thil Nehee Maaneeai ||2||	But not even one will be of any use at all hereafter. ||2||	ਪਰਲੋਕ ਵਿਚ (ਇਹਨਾਂ ਹਿਕਮਤਾਂ ਦੇ ਕਾਰਨ) ਰਤਾ ਜਿਤਨਾ ਭੀ ਆਦਰ ਨਹੀਂ ਮਿਲਦਾ ॥੨॥
9102	211	ਅਹੰਬੁਧਿ ਕਰਮ ਕਮਾਵਨੇ॥	ਅਹੰ-ਬੁੱਧਿ	Ahanbudhh Karam Kamaavanae ||	Good deeds done in the pride of ego are swept away,	(ਹੇ ਜਿੰਦੇ! ਜੇ ਆਪਣੇ ਵਲੋਂ ਧਾਰਮਿਕ) ਕੰਮ (ਭੀ) ਕੀਤੇ ਜਾਣ (ਪਰ ਉਹ) ਹਉਮੈ ਵਾਲੀ ਅਕਲ ਵਧਾਣ ਵਾਲੇ ਹੀ ਹੋਣ,
9103	211	ਗ੍ਰਿਹ ਬਾਲੂ ਨੀਰਿ ਬਹਾਵਨੇ॥੩॥	(ਗ੍ਰਿਹ) ਘਰ। (ਬਾਲੂ) ਰੇਤ। (ਬਹਾਵਨੇ) ਰੋੜ੍ਹ ਦਿੱਤੇ	Grih Baaloo Neer Behaavanae ||3||	Like the house of sand by water. ||3||	ਤਾਂ ਉਹ ਅਜੇਹੇ ਕਰਮ ਰੇਤ ਦੇ ਘਰਾਂ ਵਾਂਗ ਹੀ ਹਨ ਜਿਨ੍ਹਾਂ ਨੂੰ (ਹੜ੍ਹ ਦੇ) ਪਾਣੀ ਨੇ ਰੋੜ੍ਹ ਦਿੱਤਾ ॥੩॥
9104	211	ਪ੍ਰਭੁ ਕ੍ਰਿਪਾਲੁ ਕਿਰਪਾ ਕਰੈ॥		Prabh Kirapaal Kirapaa Karai ||	When God the Merciful shows His Mercy,	ਦਇਆ ਦਾ ਸੋਮਾ ਪਰਮਾਤਮਾ ਜਿਸ ਮਨੁੱਖ ਉਤੇ ਕਿਰਪਾ ਕਰਦਾ ਹੈ,
9105	211	ਨਾਮੁ ਨਾਨਕ ਸਾਧੂਸੰਗਿ ਮਿਲੈ॥੪॥੪॥੧੪੨॥		Naam Naanak Saadhhoo Sang Milai ||4||4||142||	Nanak receives the Naam in the Saadh Sangat, the Company of the Holy. ||4||4||142||	ਹੇ ਨਾਨਕ! (ਆਖ-) ਉਸ ਨੂੰ ਗੁਰੂ ਦੀ ਸੰਗਤਿ ਵਿਚ ਪਰਮਾਤਮਾ ਦਾ ਨਾਮ ਮਿਲਦਾ ਹੈ ॥੪॥੪॥੧੪੨॥
9106	211	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

9107	211	ਬਾਰਨੈ ਬਲਿਹਾਰਨੈ ਲਖ ਬਰੀਆ॥	(ਬਾਰਨੈ) ਸਦਕੇ। (ਬਲਿਹਾਰਨੈ) ਕੁਰਬਾਨ। (ਬਰੀਆ) ਵਾਰੀ। ਲੱਖ	Baaranai Balihaaranai Lakh Bareeaa ||	I am a sacrifice, dedicated hundreds of thousands of times, to my Lord and Master.	ਹੇ ਭਾਈ! ਮੈਂ (ਪਰਮਾਤਮਾ ਦੇ ਨਾਮ ਤੋਂ) ਲੱਖਾਂ ਵਾਰੀ ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ।
9108	211	ਨਾਮੋ ਹੋ ਨਾਮੁ ਸਾਹਿਬ ਕੋ ਪ੍ਰਾਨ ਅਧਰੀਆ॥੧॥ਰਹਾਉ॥	(ਅ-ਧਰੀਆ)ਆਸਰਾ	Naamo Ho Naam Saahib Ko Praan Adhhareeaa ||1|| Rehaao ||	His Name, and His Name alone, is the Support of the breath of life. ||1||Pause||	ਮਾਲਕ-ਪ੍ਰਭੂ ਦਾ ਨਾਮ ਹੀ ਨਾਮ ਜੀਵਾਂ ਦੀਆਂ ਜਿੰਦਾਂ ਦਾ ਆਸਰਾ ਹੈ ॥੧॥ ਰਹਾਉ ॥
9109	211	ਕਰਨ ਕਰਾਵਨ ਤੁਹੀ ਏਕ॥		Karan Karaavan Thuhee Eaek ||	You alone are the Doer, the Cause of causes.	ਹੇ ਪ੍ਰਭੂ! ਸਿਰਫ਼ ਤੂੰ ਹੀ ਸਭ ਕੁਝ ਕਰਨ ਦੀ ਤਾਕਤ ਰੱਖਦਾ ਹੈਂ, ਜੀਵਾਂ ਪਾਸੋਂ ਕਰਾਣ ਦੀ ਸਮਰੱਥਾ ਰੱਖਦਾ ਹੈਂ।
9110	211	ਜੀਅ ਜੰਤ ਕੀ ਤੁਹੀ ਟੇਕ॥੧॥		Jeea Janth Kee Thuhee Ttaek ||1||	You are the Support of all beings and creatures. ||1||	ਤੂੰ ਹੀ ਸਾਰੇ ਜੀਵਾਂ-ਜੰਤਾਂ ਦਾ ਸਹਾਰਾ ਹੈਂ ॥੧॥
9111	211	ਰਾਜ ਜੋਬਨ ਪ੍ਰਭ ਤੂੰ ਧਨੀ॥		Raaj Joban Prabh Thoon Dhhanee ||	O God, You are my power, authority and youth.	ਹੇ ਪ੍ਰਭੂ! ਤੂੰ ਹੀ ਹਕੂਮਤ ਦਾ ਮਾਲਕ ਹੈਂ, ਤੂੰ ਹੀ ਜਵਾਨੀ ਦਾ ਮਾਲਕ ਹੈਂ (ਤੈਥੋਂ ਹੀ ਜੀਵ ਦੁਨੀਆ ਵਿਚ ਹਕੂਮਤ ਕਰਨ ਦੀ ਦਾਤ ਲੈਂਦੇ ਹਨ, ਤੈਥੋਂ ਹੀ ਜਵਾਨੀ ਪ੍ਰਾਪਤ ਕਰਦੇ ਹਨ)।

9112	211	ਤੂੰ ਨਿਰਗੁਨ ਤੂੰ ਸਰਗੁਨੀ॥੨॥		Thoon Niragun Thoon Saragunee ||2||	You are absolute, without attributes, and also related, with the most sublime attributes. ||2||	(ਜਦੋਂ ਜਗਤ ਨਹੀਂ ਸੀ ਬਣਿਆ) ਮਾਇਆ ਦੇ ਤਿੰਨਾਂ ਗੁਣਾਂ ਤੋਂ ਰਹਿਤ ਭੀ ਤੂੰ ਹੈਂ, (ਹੁਣ ਤੂੰ ਜਗਤ ਰਚ ਦਿੱਤਾ ਹੈ) ਇਹ ਦਿੱਸਦਾ ਆਕਾਰ ਮਾਇਆ ਦੇ ਤਿੰਨਾਂ ਗੁਣਾਂ ਵਾਲਾ-ਇਹ ਭੀ ਤੂੰ ਆਪ ਹੀ ਹੈਂ ॥੨॥
9113	211	ਈਹਾ ਊਹਾ ਤੁਮ ਰਖੇ॥		Eehaa Oohaa Thum Rakhae ||	Here and hereafter, You are my Savior and Protector.	(ਹੇ ਪ੍ਰਭੂ! ਇਸ ਲੋਕ ਵਿਚ ਤੇ ਪਰਲੋਕ ਵਿਚ ਤੂੰ ਹੀ ਸਭ ਦੀ ਰੱਖਿਆ ਕਰਦਾ ਹੈਂ,
9114	211	ਗੁਰ ਕਿਰਪਾ ਤੇ ਕੋ ਲਖੇ॥੩॥	(:ਪੋਲਾ ਬੋਲੋ ਲਖੇ) ਜਾਣੇ	Gur Kirapaa Thae Ko Lakhae ||3||	By Guru's Grace, some understand You. ||3||	(ਪਰ) ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਨਾਲ (ਇਹ ਭੇਤ) ਸਮਝਦਾ ਹੈ ॥੩॥
9115	211	ਅੰਤਰਜਾਮੀ ਪ੍ਰਭ ਸੁਜਾਨੁ॥		Antharajaamee Prabh Sujaan ||	God is All-knowing, the Inner-knower, the Searcher of hearts.	ਹੇ ਪ੍ਰਭੂ! ਤੂੰ ਸਭ ਦੇ ਦਿਲ ਦੀ ਜਾਣਨ ਵਾਲਾ ਹੈਂ, ਤੂੰ ਹੀ ਸਿਆਣਾ ਹੈਂ।
9116	211	ਨਾਨਕ ਤਕੀਆ ਤੁਹੀ ਤਾਣੁ॥੪॥੫॥੧੪੩॥	ਤਕੀਆ: ਪੋਲਾ ਬੋਲੋ। (ਤਕੀਆ) ਆਸਰਾ। (ਤਾਣੁ) ਬਲ	Naanak Thakeeaa Thuhee Thaan ||4||5||143||	You are Nanak's strength and support. ||4||5||143||	ਨਾਨਕ ਦਾ ਸਹਾਰਾ ਤੂੰ ਹੀ ਹੈਂ, ਨਾਨਕ ਦਾ ਤਾਣ ਤੂੰ ਹੀ ਹੈਂ ॥੪॥੫॥੧੪੩॥
9117	211	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

9118	211	ਹਰਿ ਹਰਿ ਹਰਿ ਆਰਾਧੀਐ॥		Har Har Har Aaraadhheeai ||	Worship and adore the Lord, Har, Har, Har.	(ਹੇ ਭਾਈ!) ਸਦਾ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ।
9119	211	ਸੰਤਸੰਗਿ ਹਰਿ ਮਨਿ ਵਸੈ ਭਰਮੁ ਮੋਹੁ ਭਉ ਸਾਧੀਐ॥੧॥ਰਹਾਉ ॥	(ਸੱਾਧੀਐ) ਵੱਸ ਕਰੀਏ	Santhasang Har Man Vasai Bharam Mohu Bho Saadhheeai ||1|| Rehaao ||	In the Society of the Saints, He dwells in the mind; doubt, emotional attachment and fear are vanquished. ||1||Pause||	ਸੰਤਾਂ ਦੀ ਸੰਗਤਿ ਵਿਚ (ਹੀ) ਪਰਮਾਤਮਾ (ਮਨੁੱਖ ਦੇ) ਮਨ ਵਿਚ ਵੱਸ ਸਕਦਾ ਹੈ, ਭਟਕਣਾ ਨੂੰ, ਮੋਹ ਨੂੰ ਤੇ ਡਰ-ਸਹਮ ਨੂੰ ਕਾਬੂ ਕੀਤਾ ਜਾ ਸਕਦਾ ਹੈ ॥੧॥ ਰਹਾਉ ॥
9120	211	ਬੇਦ ਪੁਰਾਣ ਸਿਮ੍ਰਿਤਿ ਭਨੇ॥	(ਭਨੇ) ਉਚਾਰਦੇ। ਸਿਮ-ਿ ਤਿ	Baedh Puraan Simrith Bhanae ||	The Vedas, the Puraanas and the Simritees are heard to proclaim	(ਹੇ ਭਾਈ! ਪੰਡਤ ਲੋਕ ਭਾਵੇਂ) ਵੇਦ ਪੁਰਾਣ ਸਿਮ੍ਰਿਤੀਆਂ (ਆਦਿਕ ਧਰਮ-ਪੁਸਤਕਾਂ) ਪੜ੍ਹਦੇ ਹਨ,
9121	211	ਸਭ ਊਚ ਬਿਰਾਜਿਤ ਜਨ ਸੁਨੇ॥੧॥	(ਬਿਰਾਜਿਤ) ਟਿਕੇ ਹੋਏ	Sabh Ooch Biraajith Jan Sunae ||1||	That the Lord's servant dwells as the highest of all. ||1||	ਪਰ ਸੰਤ ਜਨ ਹੋਰ ਸਭ ਲੋਕਾਂ ਤੋਂ ਉੱਚੇ ਆਤਮਕ ਟਿਕਾਣੇ ਤੇ ਟਿਕੇ ਹੋਏ ਸੁਣੇ ਜਾਂਦੇ ਹਨ ॥੧॥
9122	211	ਸਗਲ ਅਸਥਾਨ ਭੈ ਭੀਤ ਚੀਨ॥	(ਚੀਨ) ਜਾਣ	Sagal Asathhaan Bhai Bheeth Cheen ||	All places are filled with fear - know this well.	(ਹੇ ਭਾਈ!) ਹੋਰ ਸਾਰੇ ਹਿਰਦੇ-ਥਾਂ ਡਰਾਂ ਨਾਲ ਸਹਮੇ ਹੋਏ ਵੇਖੀਦੇ ਹਨ,
9123	211	ਰਾਮ ਸੇਵਕ ਭੈ ਰਹਤ ਕੀਨ॥੨॥		Raam Saevak Bhai Rehath Keen ||2||	Only the Lord's servants are free of fear. ||2||	(ਪਰਮਾਤਮਾ ਦੇ ਸਿਮਰਨ ਨੇ) ਪਰਮਾਤਮਾ ਦੇ ਭਗਤਾਂ ਨੂੰ ਡਰਾਂ ਤੋਂ ਰਹਿਤ ਕਰ ਦਿੱਤਾ ਹੈ ॥੨॥
9124	211	ਲਖ ਚਉਰਾਸੀਹ ਜੋਨਿ ਫਿਰਹਿ॥		Lakh Chouraaseeh Jon Firehi ||	People wander through 8.4 million incarnations.	(ਹੇ ਭਾਈ! ਜੀਵ) ਚੌਰਾਸੀ ਲੱਖ ਜੂਨਾਂ ਵਿਚ ਭਟਕਦੇ ਫਿਰਦੇ ਹਨ,

9125	211	ਗੋਬਿੰਦ ਲੋਕ ਨਹੀ ਜਨਮਿ ਮਰਹਿ॥੩॥		Gobindh Lok Nehee Janam Marehi ||3||	God's people are not subject to birth and death. ||3||	ਪਰ ਪਰਮਾਤਮਾ ਦੇ ਭਗਤ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦੇ ॥੩॥
9126	211	ਬਲ ਬੁਧਿ ਸਿਆਨਪ ਹਉਮੈ ਰਹੀ॥		Bal Budhh Siaanap Houmai Rehee ||	Nanak has taken to the Sanctuary of the Lord's Holy Saints;	(ਜਿਨ੍ਹਾਂ ਮਨੁੱਖਾਂ ਨੇ) ਪਰਮਾਤਮਾ ਦਾ ਗੁਰੂ ਦਾ ਆਸਰਾ ਲੈ ਲਿਆ, ਉਹਨਾਂ ਦੇ ਅੰਦਰੋਂ ਹਉਮੈ ਦੂਰ ਹੋ ਜਾਂਦੀ ਹੈ।
9127	211	ਹਰਿ ਸਾਧ ਸਰਣਿ ਨਾਨਕ ਗਹੀ॥੪॥੬॥੧੪੪॥	(ਗਹੀ) ਪਕੜੀ	Har Saadhh Saran Naanak Gehee ||4||6||144||	He has given up power, wisdom, cleverness and egotism. ||4||6||144||	ਹੇ ਨਾਨਕ! ਉਹ ਆਪਣੀ ਤਾਕਤ ਦਾ ਆਪਣੀ ਅਕਲ ਦਾ ਆਪਣੀ ਸਿਆਣਪ ਦਾ ਆਸਰਾ ਨਹੀਂ ਲੈਂਦੇ ॥੪॥੬॥੧੪੪॥
9128	211	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
9129	211	ਮਨ ਰਾਮ ਨਾਮ ਗੁਨ ਗਾਈਐ॥		Man Raam Naam Gun Gaaeeai ||	O my mind, sing the Glorious Praises of the Lord's Name.	ਹੇ (ਮੇਰੇ) ਮਨ! (ਆ) ਪਰਮਾਤਮਾ ਦਾ ਨਾਮ ਸਿਮਰੀਏ, ਪਰਮਾਤਮਾ ਦੇ ਗੁਣ ਗਾਇਨ ਕਰੀਏ।

9130	211	ਨੀਤ ਨੀਤ ਹਰਿ ਸੇਵੀਐ ਸਾਸਿ ਸਾਸਿ ਹਰਿ ਧਿਆਈਐ॥੧॥ਰਹਾਉ॥		Neeth Neeth Har Saeveeai Saas Saas Har Dhhiaaeeai ||1|| Rehaao ||	Serve the Lord continually and continuously; with each and every breath, meditate on the Lord. ||1||Pause||	(ਹੇ ਮਨ!) ਸਦਾ ਹੀ ਪਰਮਾਤਮਾ ਦੀ ਭਗਤੀ ਕਰਨੀ ਚਾਹੀਦੀ ਹੈ ॥੧॥ ਰਹਾਉ ॥
9131	211	ਸੰਤਸੰਗਿ ਹਰਿ ਮਨਿ ਵਸੈ॥	ਵਸੈ: ਪੋਲਾ ਬੋਲੋ	Santhasang Har Man Vasai ||	In the Society of the Saints, the Lord dwells in the mind,	(ਹੇ ਭਾਈ!) ਗੁਰੂ-ਸੰਤ ਦੀ ਸੰਗਤਿ ਵਿਚ (ਰਿਹਾਂ) ਪਰਮਾਤਮਾ (ਮਨੁੱਖ ਦੇ) ਮਨ ਵਿਚ ਆ ਵੱਸਦਾ ਹੈ।
9132	211	ਦੁਖੁ ਦਰਦੁ ਅਨੇਰਾ ਭ੍ਰਮੁ ਨਸੈ॥੧॥		Dhukh Dharadh Anaeraa Bhram Nasai ||1||	And pain, suffering, darkness and doubt depart. ||1||	(ਜਿਸ ਦੇ ਮਨ ਵਿਚ ਵੱਸ ਪੈਂਦਾ ਹੈ ਉਸ ਦੇ ਅੰਦਰੋਂ) ਹਰੇਕ ਕਿਸਮ ਦਾ ਦੁੱਖ ਦਰਦ ਦੂਰ ਹੋ ਜਾਂਦਾ ਹੈ, ਮੋਹ ਦਾ ਹਨੇਰਾ ਦੂਰ ਹੋ ਜਾਂਦਾ ਹੈ, (ਮਾਇਆ ਦੀ ਖ਼ਾਤਰ) ਭਟਕਣਾ ਮੁੱਕ ਜਾਂਦੀ ਹੈ ॥੧॥
9133	211	ਸੰਤ ਪ੍ਰਸਾਦਿ ਹਰਿ ਜਾਪੀਐ॥		Santh Prasaadh Har Jaapeeai ||	That humble being, who meditates on the Lord,	(ਹੇ ਭਾਈ!) ਗੁਰੂ ਦੀ ਕਿਰਪਾ ਨਾਲ (ਹੀ) ਪਰਮਾਤਮਾ ਦਾ ਨਾਮ ਜਪਿਆ ਜਾ ਸਕਦਾ ਹੈ।
9134	211	ਸੋ ਜਨੁ ਦੂਖਿ ਨ ਵਿਆਪੀਐ॥੨॥	(ਵਿਆਪੀਐ) ਲੱਗਦਾ	So Jan Dhookh N Viaapeeai ||2||	By the Grace of the Saints, is not afflicted with pain. ||2||	(ਜੇਹੜਾ ਮਨੁੱਖ ਜਪਦਾ ਹੈ) ਉਹ ਮਨੁੱਖ ਕਿਸੇ ਕਿਸਮ ਦੇ ਦੁੱਖ ਵਿਚ ਨਹੀਂ ਘਿਰਦਾ ॥੨॥
9135	211	ਜਾ ਕਉ ਗੁਰੁ ਹਰਿ ਮੰਤ੍ਰੁ ਦੇ॥		Jaa Ko Gur Har Manthra Dhae ||	Those unto whom the Guru gives the Mantra of the Lord's Name	(ਹੇ ਭਾਈ!) ਗੁਰੂ ਜਿਸ ਮਨੁੱਖ ਨੂੰ ਪਰਮਾਤਮਾ ਦਾ ਨਾਮ-ਮੰਤ੍ਰ ਦੇਂਦਾ ਹੈ,

9136	211	ਸੋ ਉਬਰਿਆ ਮਾਇਆ ਅਗਨਿ ਤੇ॥੩॥	(ਉਬਰਿਆ) ਬਚਿਆ	So Oubariaa Maaeiaa Agan Thae ||3||	Are saved from the fire of Maya. ||3||	ਉਹ ਮਨੁੱਖ ਮਾਇਆ ਦੀ (ਤ੍ਰਿਸ਼ਨਾ) ਅੱਗ (ਵਿਚ ਸੜਨ) ਤੋਂ ਬਚ ਜਾਂਦਾ ਹੈ ॥੩॥
9137	211	ਨਾਨਕ ਕਉ ਪ੍ਰਭ ਮਇਆ ਕਰਿ॥		Naanak Ko Prabh Maeiaa Kar ||	Be kind to Nanak, O God;	(ਹੇ ਪ੍ਰਭੂ! ਮੈਂ) ਨਾਨਕ ਉਤੇ ਕਿਰਪਾ ਕਰ,
9138	211	ਮੇਰੈ ਮਨਿ ਤਨਿ ਵਾਸੈ ਨਾਮੁ ਹਰਿ॥੪॥੭॥੧੪੫॥		Maerai Man Than Vaasai Naam Har ||4||7||145||	Let the Lord's Name dwell within my mind and body. ||4||7||145||	(ਤਾਂ ਕਿ) ਮੇਰੇ ਮਨ ਵਿਚ ਹਿਰਦੇ ਵਿਚ, ਹੇ ਹਰੀ! ਤੇਰਾ ਨਾਮ ਵੱਸ ਪਏ ॥੪॥੭॥੧੪੫॥
9139	211	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
9140	211	ਰਸਨਾ ਜਪੀਐ ਏਕੁ ਨਾਮ॥		Rasanaa Japeeai Eaek Naam ||	With your tongue, chant the Name of the One Lord.	(ਹੇ ਭਾਈ!) ਜੀਭ ਨਾਲ ਹਰਿ-ਨਾਮ ਜਪਦੇ ਰਹਿਣਾ ਚਾਹੀਦਾ ਹੈ।
9141	211	ਈਹਾ ਸੁਖੁ ਆਨੰਦੁ ਘਨਾ ਆਗੈ ਜੀਅ ਕੈ ਸੰਗਿ ਕਾਮ॥੧॥ਰਹਾਉ॥		Eehaa Sukh Aanandh Ghanaa Aagai Jeea Kai Sang Kaam ||1|| Rehaao ||	In this world, it shall bring you peace, comfort and great joy; hereafter, it shall go with your soul, and shall be of use to you. ||1||Pause||	(ਜੇ ਹਰਿ-ਨਾਮ ਜਪਦੇ ਰਹੀਏ ਤਾਂ) ਇਸ ਲੋਕ ਵਿਚ (ਇਸ ਜੀਵਨ ਵਿਚ) ਬਹੁਤ ਸੁਖ-ਆਨੰਦ ਮਿਲਦਾ ਹੈ ਤੇ ਪਰਲੋਕ ਵਿਚ (ਇਹ ਹਰਿ-ਨਾਮ) ਜਿੰਦ ਦੇ ਕੰਮ ਆਉਂਦਾ ਹੈ ॥੧॥ ਰਹਾਉ ॥

9142	211	ਕਟੀਐ ਤੇਰਾ ਅਹੰ ਰੋਗੁ॥		Katteeai Thaeraa Ahan Rog ||	The disease of your ego shall be eradicated.	(ਹੇ ਭਾਈ! ਹਰਿ-ਨਾਮ ਦੀ ਬਰਕਤਿ ਨਾਲ) ਤੇਰਾ ਹਉਮੈ ਦਾ ਰੋਗ ਕੱਟਿਆ ਜਾ ਸਕਦਾ ਹੈ।
9143	211	ਤੂੰ ਗੁਰ ਪ੍ਰਸਾਦਿ ਕਰਿ ਰਾਜ ਜੋਗੁ॥੧॥		Thoon Gur Prasaadh Kar Raaj Jog ||1||	By Guru's Grace, practice Raja Yoga, the Yoga of meditation and success. ||1||	(ਨਾਮ ਜਪ ਜਪ ਕੇ) ਗੁਰੂ ਦੀ ਕਿਰਪਾ ਨਾਲ ਤੂੰ ਗ੍ਰਿਹਸਤ ਦਾ ਸੁਖ ਭੀ ਲੈ ਸਕਦਾ ਹੈਂ, ਤੇ ਪ੍ਰਭੂ ਨਾਲ ਮਿਲਾਪ ਭੀ ਪ੍ਰਾਪਤ ਕਰ ਸਕਦਾ ਹੈਂ ॥੧॥
9144	211	ਹਰਿ ਰਸੁ ਜਿਨਿ ਜਨਿ ਚਾਖਿਆ॥		Har Ras Jin Jan Chaakhiaa ||	Those who taste the sublime essence of the Lord	(ਹੇ ਭਾਈ!) ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ-ਰਸ ਚੱਖ ਲਿਆ,
9145	211	ਤਾ ਕੀ ਤ੍ਰਿਸਨਾ ਲਾਥੀਆ॥੨॥		Thaa Kee Thrisanaa Laathheeaa ||2||	Have their thirst quenched. ||2||	ਉਸ ਦੀ (ਮਾਇਆ ਦੀ) ਤ੍ਰਿਸ਼ਨਾ ਲਹਿ ਜਾਂਦੀ ਹੈ ॥੨॥
9146	211	ਹਰਿ ਬਿਸ੍ਰਾਮ ਨਿਧਿ ਪਾਇਆ॥	(ਬਿਸ੍ਰਾਮ) ਟਿਕਾਉ	Har Bisraam Nidhh Paaeiaa ||	Those who have found the Lord, the Treasure of peace,	(ਹੇ ਭਾਈ! ਜਿਸ ਮਨੁੱਖ ਨੇ ਹਰਿ-ਨਾਮ-ਰਸ ਚੱਖ ਲਿਆ) ਉਸ ਨੂੰ ਸ਼ਾਂਤੀ ਦਾ ਖ਼ਜ਼ਾਨਾ ਪਰਮਾਤਮਾ ਮਿਲ ਪਿਆ,
9147	211	ਸੋ ਬਹੁਰਿ ਨ ਕਤ ਹੀ ਧਾਇਆ॥੩॥	(ਧਾਇਆ) ਭਟਕਦਾ	So Bahur N Kath Hee Dhhaaeiaa ||3||	Shall not go anywhere else again. ||3||	ਉਹ ਮਨੁੱਖ ਮੁੜ ਕਿਸੇ ਭੀ ਹੋਰ ਪਾਸੇ ਭਟਕਦਾ ਨਹੀਂ ਫਿਰਦਾ ॥੩॥
9148	211	ਹਰਿ ਹਰਿ ਨਾਮੁ ਜਾ ਕਉ ਗੁਰਿ ਦੀਆ॥		Har Har Naam Jaa Ko Gur Dheeaa ||	Those, unto whom the Guru has given the Lord's Name, Har, Har	ਜਿਸ ਮਨੁੱਖ ਨੂੰ ਗੁਰੂ ਨੇ ਪਰਮਾਤਮਾ ਦਾ ਨਾਮ ਬਖ਼ਸ਼ ਦਿੱਤਾ,

9149	211	ਨਾਨਕ ਤਾ ਕਾ ਭਉ ਗਇਆ॥੪॥੮॥੧੪੬॥		Naanak Thaa Kaa Bho Gaeiaa ||4||8||146||	- O Nanak, their fears are removed. ||4||8||146||	(ਹੇ ਨਾਨਕ) ਉਸ ਦਾ ਹਰੇਕ ਕਿਸਮ ਦਾ ਡਰ ਦੂਰ ਹੋ ਗਿਆ ॥੪॥੮॥੧੪੬॥
9150	212	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
9151	212	ਜਾ ਕਉ ਬਿਸਰੈ ਰਾਮ ਨਾਮ ਤਾਹੂ ਕਉ ਪੀਰ॥		Jaa Ko Bisarai Raam Naam Thaahoo Ko Peer ||	One who forgets the Lord's Name, suffers in pain.	(ਹੇ ਭਾਈ!) ਜਿਸ ਮਨੁੱਖ ਨੂੰ ਪਰਮਾਤਮਾ ਦਾ ਨਾਮ ਭੁੱਲ ਜਾਂਦਾ ਹੈ ਉਸੇ ਨੂੰ ਹੀ ਦੁੱਖ ਆ ਘੇਰਦਾ ਹੈ।
9152	212	ਸਾਧਸੰਗਤਿ ਮਿਲਿ ਹਰਿ ਰਵਹਿ ਸੇ ਗੁਣੀ ਗਹੀਰ॥੧॥ਰਹਾਉ॥	(ਰਵਹਿ) ਜਪੇ। (ਗਹੀਰ) ਡੂੰਘੇ ਸਮੁੰਦਰ	Saadhhasangath Mil Har Ravehi Sae Gunee Geheer ||1|| Rehaao ||	Those who join the Saadh Sangat, the Company of the Holy, and dwell upon the Lord, find the Ocean of virtue. ||1||Pause||	ਜੇਹੜੇ ਮਨੁੱਖ ਸਾਧ ਸੰਗਤਿ ਵਿਚ ਬੈਠ ਕੇ ਪਰਮਾਤਮਾ ਦਾ ਨਾਮ ਸਿਮਰਦੇ ਹਨ, ਉਹ ਗੁਣਾਂ ਦੇ ਮਾਲਕ ਬਣ ਜਾਂਦੇ ਹਨ, ਉਹ ਡੂੰਘੇ ਜਿਗਰੇ ਵਾਲੇ ਬਣ ਜਾਂਦੇ ਹਨ ॥੧॥ ਰਹਾਉ ॥
9153	212	ਜਾ ਕਉ ਗੁਰਮੁਖਿ ਰਿਦੈ ਬੁਧਿ॥		Jaa Ko Guramukh Ridhai Budhh ||	Those Gurmukhs whose hearts are filled with wisdom,	(ਹੇ ਭਾਈ!) ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਦੇ ਹਿਰਦੇ ਵਿਚ (ਸਿਮਰਨ ਦੀ) ਸੂਝ ਪੈਦਾ ਹੋ ਜਾਂਦੀ ਹੈ,

9154	212	ਤਾ ਕੈ ਕਰ ਤਲ ਨਵ ਨਿਧਿ ਸਿਧਿ॥੧॥	(ਕਰ) ਹੱਥਾਂ (:ਪੋਲਾ ਬੋਲੋ ਤਲ) ਹੇਠ	Thaa Kai Kar Thal Nav Nidhh Sidhh ||1||	Hold the nine treasures, and the miraculous spiritual powers of the Siddhas in the palms of their hands. ||1||	ਉਸ ਮਨੁੱਖ ਦੇ ਹੱਥਾਂ ਦੀਆਂ ਤਲੀਆਂ ਉਤੇ ਨੌ ਹੀ ਖ਼ਜ਼ਾਨੇ ਤੇ ਸਾਰੀਆਂ ਸਿੱਧੀਆਂ (ਆ ਟਿਕਦੀਆਂ ਹਨ) ॥੧॥
9155	212	ਜੋ ਜਾਨਹਿ ਹਰਿ ਪ੍ਰਭ ਧਨੀ॥		Jo Jaanehi Har Prabh Dhhanee ||	Those who know the Lord God as their Master,	(ਹੇ ਭਾਈ!) ਜੇਹੜੇ ਮਨੁੱਖ (ਸਭ ਖ਼ਜ਼ਾਨਿਆਂ ਦੇ) ਮਾਲਕ ਹਰਿ-ਪ੍ਰਭੂ ਨਾਲ ਡੂੰਘੀ ਸਾਂਝ ਪਾ ਲੈਂਦੇ ਹਨ,
9156	212	ਕਿਛੁ ਨਾਹੀ ਤਾ ਕੈ ਕਮੀ॥੨॥		Kishh Naahee Thaa Kai Kamee ||2||	Do not lack anything. ||2||	ਉਹਨਾਂ ਦੇ ਘਰ ਵਿਚ ਕਿਸੇ ਚੀਜ਼ ਦੀ ਕੋਈ ਥੁੜ ਨਹੀਂ ਰਹਿੰਦੀ ॥੨॥
9157	212	ਕਰਣੈਹਾਰੁ ਪਛਾਨਿਆ॥		Karanaihaar Pashhaaniaa ||	Those who realize the Creator Lord,	(ਹੇ ਭਾਈ!) ਜਿਸ ਮਨੁੱਖ ਨੇ ਸਿਰਜਣਹਾਰ ਕਰਤਾਰ ਨਾਲ ਸਾਂਝ ਪਾ ਲਈ,
9158	212	ਸਰਬ ਸੂਖ ਰੰਗ ਮਾਣਿਆ॥੩॥		Sarab Sookh Rang Maaniaa ||3||	Enjoy all peace and pleasure. ||3||	ਉਹ ਆਤਮਕ ਸੁਖ ਤੇ ਆਨੰਦ ਮਾਣਦਾ ਹੈ ॥੩॥
9159	212	ਹਰਿ ਧਨੁ ਜਾ ਕੈ ਗ੍ਰਿਹਿ ਵਸੈ॥	ਗ੍ਰਿਹਿ	Har Dhhan Jaa Kai Grihi Vasai ||	Those whose inner homes are filled with the Lord's wealth	ਜਿਨ੍ਹਾਂ ਮਨੁੱਖਾਂ ਦੇ ਹਿਰਦੇ-ਘਰ ਵਿਚ ਪਰਮਾਤਮਾ ਦਾ ਨਾਮ-ਧਨ ਆ ਵੱਸਦਾ ਹੈ,
9160	212	ਕਹੁ ਨਾਨਕ ਤਿਨ ਸੰਗਿ ਦੁਖੁ ਨਸੈ॥੪॥੯॥੧੪੭॥	ਨੱਸੈ	Kahu Naanak Thin Sang Dhukh Nasai ||4||9||147||	- says Nanak, in their company, pain departs. ||4||9||147||	ਨਾਨਕ ਆਖਦਾ ਹੈ- ਉਹਨਾਂ ਦੀ ਸੰਗਤਿ ਵਿਚ ਰਿਹਾਂ ਹਰੇਕ ਕਿਸਮ ਦਾ ਦੁੱਖ ਦੂਰ ਹੋ ਜਾਂਦਾ ਹੈ ॥੪॥੯॥੧੪੭॥

9161	212	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
9162	212	ਗਰਬੁ ਬਡੋ ਮੂਲੁ ਇਤਨੋ॥		Garab Baddo Mool Eithano ||	Your pride is so great, but what about your origins?	ਹੇ ਜੀਵ! ਤੈਨੂੰ (ਆਪਣੇ ਆਪ ਦਾ) ਅਹੰਕਾਰ ਤਾਂ ਬਹੁਤ ਹੈ, ਪਰ (ਇਸ ਅਹੰਕਾਰ ਦਾ) ਮੂਲ (ਤੇਰਾ ਆਪਣਾ ਵਿਤ) ਥੋੜਾ ਜਿਹਾ ਹੀ ਹੈ।
9163	212	ਰਹਨੁ ਨਹੀ ਗਹੁ ਕਿਤਨੋ॥੧॥ਰਹਾਉ॥	(ਗਹੁ) ਪਕੜ	Rehan Nehee Gahu Kithano ||1|| Rehaao ||	You cannot remain, no matter how much you try to hold on. ||1||Pause||	(ਇਸ ਸੰਸਾਰ ਵਿਚ ਤੇਰਾ ਸਦਾ ਲਈ) ਟਿਕਾਣਾ ਨਹੀਂ ਹੈ, ਪਰ ਤੇਰੀ ਮਾਇਆ ਵਾਸਤੇ ਖਿੱਚ ਬਹੁਤ ਜ਼ਿਆਦਾ ਹੈ ॥੧॥ ਰਹਾਉ ॥
9164	212	ਬੇਬਰਜਤ ਬੇਦ ਸੰਤਨਾ ਉਆਹੂ ਸਿਉ ਰੇ ਹਿਤਨੋ॥	(ਬੇ-ਬਰਜਤ) ਮਨ੍ਹਾ ਕੀਤੀ। (ਉਆਹੂ) ਉਸੇ ਨਾਲ। ਹਿਤਨੋ: ਪੋਲਾ ਬੋਲੋ। (ਹਿਤਨੋ) ਪਿਆਰ	Baebarajath Baedh Santhanaa Ouaahoo Sio Rae Hithano ||	That which is forbidden by the Vedas and the Saints - with that, you are in love.	ਹੇ ਜੀਵ! (ਜਿਸ ਮਾਇਆ ਦੇ ਮੋਹ ਵਲੋਂ) ਵੇਦ ਆਦਿਕ ਧਰਮ-ਪੁਸਤਕ ਵਰਜਦੇ ਹਨ, ਸੰਤ ਜਨ ਵਰਜਦੇ ਹਨ, ਉਸੇ ਨਾਲ ਤੇਰਾ ਪਿਆਰ ਬਣਿਆ ਰਹਿੰਦਾ ਹੈ,
9165	212	ਹਾਰ ਜੂਆਰ ਜੂਆ ਬਿਧੇ ਇੰਦ੍ਰੀ ਵਸਿ ਲੈ ਜਿਤਨੋ॥੧॥	(ਬਿੱਧੇ) ਮਗਨ ਹੋਏ। ਵੱਸਿ ਜਿੱਤਨੋ	Haar Jooaar Jooaa Bidhhae Eindhree Vas Lai Jithano ||1||	Like the gambler losing the game of chance, you are held in the power of sensory desires. ||1||	ਤੂੰ ਜੀਵਨ-ਬਾਜ਼ੀ ਹਾਰ ਰਿਹਾ ਹੈਂ ਜਿਵੇਂ ਜੂਏ ਵਿਚ ਜੁਆਰੀਆ ਹਾਰਦਾ ਹੈ। ਇੰਦ੍ਰੀ (ਕਾਮ-ਵਾਸਨਾ) ਨੇ ਆਪਣੇ ਵੱਸ ਵਿਚ ਲੈ ਕੇ ਤੈਨੂੰ ਜਿੱਤ ਰੱਖਿਆ ਹੈ ॥੧॥

9166	212	ਹਰਨ ਭਰਨ ਸੰਪੂਰਨਾ ਚਰਨਕਮਲ ਰੰਗਿ ਰਿਤਨੋ॥	(ਹਰਨ) ਨਾਸ ਕਰਦੇ। (ਭਰਨ) ਪੈਦਾ ਕਰਦੇ। (ਰੰਗਿ) ਪ੍ਰੇਮ। ਰਿੱਤਨੋ	Haran Bharan Sanpooranaa Charan Kamal Rang Rithano ||	The One who is All-powerful to empty out and fill up - you have no love for His Lotus Feet.	ਹੇ ਜੀਵ! ਸਭ ਜੀਵਾਂ ਦੇ ਨਾਸ ਕਰਨ ਵਾਲੇ ਤੇ ਪਾਲਣ ਵਾਲੇ ਪਰਮਾਤਮਾ ਦੇ ਸੋਹਣੇ ਚਰਨਾਂ ਦੇ ਪ੍ਰੇਮ ਵਿਚ (ਟਿਕਣ) ਤੋਂ ਤੂੰ ਸੱਖਣਾ ਹੈਂ।
9167	212	ਨਾਨਕ ਉਧਰੇ ਸਾਧਸੰਗਿ ਕਿਰਪਾਨਿਧਿ ਮੈ ਦਿਤਨੋ॥੨॥੧੦॥੧੪੮॥	ਦਾਸਨਿ ਦਾਸ ਨੇ (ਉ-ਧਰੇ) ਉਧਾਰੇ ਹਨ। ਦਿੱਤਨੋ	Naanak Oudhharae Saadhhasang Kirapaa Nidhh Mai Dhithano ||2||10||148||	O Nanak, I have been saved, in the Saadh Sangat, the Company of the Holy. I have been blessed by the Treasure of Mercy. ||2||10||148||	ਹੇ ਨਾਨਕ! (ਆਖ-ਜੇਹੜੇ ਮਨੁੱਖ) ਸਾਧ ਸੰਗਤਿ ਵਿਚ (ਜੁੜਦੇ ਹਨ, ਉਹ ਮਾਇਆ ਦੇ ਮੋਹ ਤੋਂ) ਬਚ ਜਾਂਦੇ ਹਨ। ਕਿਰਪਾ ਦੇ ਖ਼ਜ਼ਾਨੇ ਪਰਮਾਤਮਾ ਨੇ (ਆਪਣੀ ਕਿਰਪਾ ਕਰ ਕੇ) ਮੈਨੂੰ (ਨਾਨਕ ਨੂੰ ਆਪਣੇ ਚਰਨਾਂ ਦੇ ਪਿਆਰ ਦੀ ਦਾਤਿ) ਦਿੱਤੀ ਹੈ ॥੨॥੧੦॥੧੪੮॥
9168	212	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
9169	212	ਮੋਹਿ ਦਾਸਰੋ ਠਾਕੁਰ ਕੋ॥		Mohi Dhaasaro Thaakur Ko ||	I am the slave of my Lord and Master.	ਪਾਲਣਹਾਰ ਪ੍ਰਭੂ ਦਾ ਮੈਂ ਇਕ ਨਿਮਾਣਾ ਜਿਹਾ ਸੇਵਕ ਹਾਂ,
9170	212	ਧਾਨੁ ਪ੍ਰਭ ਕਾ ਖਾਨਾ॥੧॥ਰਹਾਉ॥	(ਧਾਨੁ) ਅੰਨ। ਖਾਨਾ: ਪੋਲਾ ਬੋਲੋ	Dhhaan Prabh Kaa Khaanaa ||1|| Rehaao ||	I eat whatever God gives me. ||1||Pause||	ਮੈਂ ਉਸੇ ਪ੍ਰਭੂ ਦਾ ਬਖ਼ਸ਼ਿਆ ਹੋਇਆ ਅੰਨ ਹੀ ਖਾਂਦਾ ਹਾਂ ॥੧॥ ਰਹਾਉ ॥
9171	212	ਐਸੋ ਹੈ ਰੇ ਖਸਮੁ ਹਮਾਰਾ॥		Aiso Hai Rae Khasam Hamaaraa ||	Such is my Lord and Master.	ਹੇ ਭਾਈ! ਮੇਰਾ ਖਸਮ-ਪ੍ਰਭੂ ਇਹੋ ਜਿਹਾ ਹੈ,

9172	212	ਖਿਨ ਮਹਿ ਸਾਜਿ ਸਵਾਰਣਹਾਰਾ॥੧॥		Khin Mehi Saaj Savaaranehaaraa ||1||	In an instant, He creates and embellishes. ||1||	ਕਿ ਇਕ ਖਿਨ ਵਿਚ ਰਚਨਾ ਰਚ ਕੇ ਉਸ ਨੂੰ ਸੁੰਦਰ ਬਣਾਨ ਦੀ ਸਮਰੱਥਾ ਰੱਖਦਾ ਹੈ ॥੧॥
9173	212	ਕਾਮੁ ਕਰੀ ਜੈ ਠਾਕੁਰ ਭਾਵਾ॥	(ਜੈ) ਜਿਸ ਕਰਕੇ ਠਾਕੁਰ ਜੀ ਨੂੰ ਭਾਜਾਵਾਂ	Kaam Karee Jae Thaakur Bhaavaa ||	I do that work which pleases my Lord and Master.	(ਹੇ ਭਾਈ! ਮੈਂ ਠਾਕੁਰ-ਪ੍ਰਭੂ ਦਾ ਦਿੱਤਾ ਹੋਇਆ ਖਾਂਦਾ ਹਾਂ) ਜੇ ਉਸ ਠਾਕੁਰ-ਪ੍ਰਭੂ ਦੀ ਕਿਰਪਾ ਮੇਰੇ ਉਤੇ ਹੋਵੇ, ਤਾਂ ਮੈਂ (ਉਸ ਦਾ ਹੀ) ਕੰਮ ਕਰਾਂ,
9174	212	ਗੀਤ ਚਰਿਤ ਪ੍ਰਭ ਕੇ ਗੁਨ ਗਾਵਾ॥੨॥	(ਮਿਲਵਾਂ ਚਰਿਤ) ਕੌਤਕ	Geeth Charith Prabh Kae Gun Gaavaa ||2||	I sing the songs of God's glory, and His wondrous play. ||2||	ਉਸ ਦੇ ਗੁਣ ਗਾਂਦਾ ਰਹਾਂ, ਉਸ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਰਹਾਂ ॥੨॥
9175	212	ਸਰਣਿ ਪਰਿਓ ਠਾਕੁਰ ਵਜੀਰਾ॥	(ਠਾਕੁਰ ਵਜੀਰਾ) ਸੰਤ ਭਗਤ	Saran Pariou Thaakur Vajeeraa ||	I seek the Sanctuary of the Lord's Prime Minister;	(ਹੇ ਭਾਈ!) ਮੈਂ ਉਸ ਠਾਕੁਰ-ਪ੍ਰਭੂ ਦੇ ਵਜ਼ੀਰਾਂ (ਸੰਤ ਜਨਾਂ) ਦੀ ਸਰਨ ਆ ਪਿਆ ਹਾਂ,
9176	212	ਤਿਨਾ ਦੇਖਿ ਮੇਰਾ ਮਨੁ ਧੀਰਾ॥੩॥	(ਧੀਰਾ) ਟਿਕ ਗਿਆ	Thinaa Dhaekh Maeraa Man Dhheeraa ||3||	Beholding Him, my mind is comforted and consoled. ||3||	ਉਹਨਾਂ ਦਾ ਦਰਸਨ ਕਰ ਕੇ ਮੇਰੇ ਮਨ ਨੂੰ ਭੀ ਹੌਸਲਾ ਬਣ ਰਿਹਾ ਹੈ (ਕਿ ਮੈਂ ਉਸ ਮਾਲਕ ਦੀ ਸਿਫ਼ਤ-ਸਾਲਾਹ ਕਰ ਸਕਾਂਗਾ) ॥੩॥
9177	212	ਏਕ ਟੇਕ ਏਕੋ ਆਧਾਰਾ॥		Eaek Ttaek Eaeko Aadhhaaraa ||	The One Lord is my support, the One is my steady anchor.	(ਠਾਕੁਰ ਦੇ ਵਜ਼ੀਰਾਂ ਦੀ ਸਰਨ ਪੈ ਕੇ) ਮੈਂ ਇਕ ਪਰਮਾਤਮਾ ਨੂੰ ਹੀ (ਆਪਣੇ ਜੀਵਨ ਦੀ) ਓਟ ਤੇ ਆਸਰਾ ਬਣਾਇਆ ਹੈ,

9178	212	ਜਨ ਨਾਨਕ ਹਰਿ ਕੀ ਲਾਗਾ ਕਾਰਾ॥੪॥੧੧॥੧੪੯॥	(ਕਾਰਾ) ਸੇਵਾ	Jan Naanak Har Kee Laagaa Kaaraa ||4||11||149||	Servant Nanak is engaged in the Lord's work. ||4||11||149||	ਤੇ, ਹੇ ਦਾਸ ਨਾਨਕ! (ਆਖ-ਪਰਮਾਤਮਾ (ਦੀ ਸਿਫ਼ਤ-ਸਾਲਾਹ) ਦੀ ਕਾਰ ਵਿਚ ਲੱਗ ਪਿਆ ਹਾਂ ॥੪॥੧੧॥੧੪੯॥
9179	212	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
9180	212	ਹੈ ਕੋਈ ਐਸਾ ਹਉਮੈ ਤੋਰੈ॥		Hai Koee Aisaa Houmai Thorai ||	Is there anyone, who can shatter his ego,	(ਹੇ ਭਾਈ!) ਕਿਤੇ ਕੋਈ ਅਜੇਹਾ ਮਨੁੱਖ ਭੀ ਮਿਲ ਜਾਇਗਾ, ਜੋ ਮੇਰੀ ਹਉਮੈ ਦਾ ਨਾਸ਼ ਕਰ ਦੇਵੇ,
9181	212	ਇਸੁ ਮੀਠੀ ਤੇ ਇਹੁ ਮਨੁ ਹੋਰੈ॥੧॥ਰਹਾਉ॥		Eis Meethee Thae Eihu Man Horai ||1|| Rehaao ||	And turn his mind away from this sweet Maya? ||1||Pause||	ਅਤੇ ਜੋ (ਮੇਰੇ) ਇਸ ਮਨ ਨੂੰ ਇਸ ਮਿੱਠੀ (ਲੱਗਣ ਵਾਲੀ ਮਾਇਆ ਦੇ ਮੋਹ) ਤੋਂ ਰੋਕ ਸਕੇ? ॥੧॥ ਰਹਾਉ ॥
9182	212	ਅਗਿਆਨੀ ਮਾਨੁਖੁ ਭਇਆ ਜੋ ਨਾਹੀ ਸੋ ਲੋਰੈ॥	(ਲੋਰੈ) ਲੋੜਦਾ	Agiaanee Maanukh Bhaeiaa Jo Naahee So Lorai ||	Humanity is in spiritual ignorance; people see things that do not exist.	(ਹੇ ਭਾਈ! ਇਸ ਮਿੱਠੀ ਦੇ ਅਸਰ ਹੇਠ) ਮਨੁੱਖ ਆਪਣੀ ਅਕਲ ਗਵਾ ਬੈਠਾ ਹੈ (ਕਿਉਂਕਿ) ਜੇਹੜੀ (ਸਦਾ ਨਾਲ ਨਿਭਣ ਵਾਲੀ) ਨਹੀਂ ਹੈ ਉਸੇ ਨੂੰ ਭਾਲਦਾ ਫਿਰਦਾ ਹੈ।

9183	212	ਰੈਣਿ ਅੰਧਾਰੀ ਕਾਰੀਆ ਕਵਨ ਜੁਗਤਿ ਜਿਤੁ ਭੋਰੈ॥੧॥	(ਭੋਰੈ) ਦਿਨ ਚੜ੍ਹੇ	Rain Andhhaaree Kaareeaa Kavan Jugath Jith Bhorai ||1||	The night is dark and gloomy; how will the morning dawn? ||1||	(ਮਨੁੱਖ ਦੇ ਮਨ ਵਿਚ ਮਾਇਆ ਦੇ ਮੋਹ ਦੀ) ਕਾਲੀ ਹਨੇਰੀ ਰਾਤ ਪਈ ਹੋਈ ਹੈ। (ਹੇ ਭਾਈ!) ਉਹ ਕੇਹੜਾ ਤਰੀਕਾ ਹੋ ਸਕਦਾ ਹੈ ਜਿਸ ਨਾਲ (ਇਸ ਦੇ ਅੰਦਰ ਗਿਆਨ ਦਾ) ਦਿਨ ਚੜ੍ਹ ਪਏ? ॥੧॥
9184	212	ਭ੍ਰਮਤੋ ਭ੍ਰਮਤੋ ਹਾਰਿਆ ਅਨਿਕ ਬਿਧੀ ਕਰਿ ਟੋਰੈ॥	(ਟੋਰੈ) ਟੋਲਦਾ	Bhramatho Bhramatho Haariaa Anik Bidhhee Kar Ttorai ||	Wandering, wandering all around, I have grown weary; trying all sorts of things, I have been searching.	(ਮਿੱਠੀ ਮਾਇਆ ਦੇ ਮੋਹ ਤੋਂ ਮਨ ਨੂੰ ਰੋਕ ਸਕਣ ਵਾਲੇ ਦੀ) ਅਨੇਕਾਂ ਤਰੀਕਿਆਂ ਨਾਲ ਭਾਲ ਕਰਦਾ ਕਰਦਾ ਤੇ ਭਟਕਦਾ ਭਟਕਦਾ ਮੈਂ ਥੱਕ ਗਿਆ,
9185	212	ਕਹੁ ਨਾਨਕ ਕਿਰਪਾ ਭਈ ਸਾਧਸੰਗਤਿ ਨਿਧਿ ਮੋਰੈ॥੨॥੧੨॥੧੫੦॥	(ਨਿਧਿ) ਖਜ਼ਾਨਾ	Kahu Naanak Kirapaa Bhee Saadhhasangath Nidhh Morai ||2||12||150||	Says Nanak, He has shown mercy to me; I have found the treasure of the Saadh Sangat, the Company of the Holy. ||2||12||150||	ਨਾਨਕ ਆਖਦਾ ਹੈ- (ਤਦੋਂ ਪ੍ਰਭੂ ਦੀ ਮੇਰੇ ਉਤੇ) ਮਿਹਰ ਹੋਈ (ਹੁਣ) ਸਾਧ ਸੰਗਤਿ ਹੀ ਮੇਰੇ ਵਾਸਤੇ (ਉਹਨਾਂ ਸਾਰੇ ਗੁਣਾਂ ਦਾ) ਖ਼ਜ਼ਾਨਾ ਹੈ (ਜਿਨ੍ਹਾਂ ਦੀ ਬਰਕਤਿ ਨਾਲ ਮਿੱਠੀ ਮਾਇਆ ਦੇ ਮੋਹ ਤੋਂ ਮਨ ਰੁਕ ਸਕਦਾ ਹੈ) ॥੨॥੧੨॥੧੫੦॥
9186	212	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

9187	212	ਚਿੰਤਾਮਣਿ ਕਰੁਣਾਮਏ॥੧॥ਰਹਾਉ॥	(ਚਿੰਤਾ-ਮਣਿ) ਮਨ ਇੱਛਾਂ ਪੂਰੀਆਂ ਕਰਨ ਵਾਲੇ ਮਣੀ ਸਰੂਪ, (ਕਰੁਣਾ-ਮਏ) ਦਇਆ ਦੇ ਸਰੂਪ ਵਾਹਿਗੁਰੂ ਜੀ	Chinthaaman Karunaa Meae ||1|| Rehaao ||	He is the Wish-fulfilling Jewel, the Embodiment of Mercy. ||1||Pause||	ਹੇ ਤਰਸ-ਰੂਪ ਪ੍ਰਭੂ! ਤੂੰ ਹੀ ਐਸਾ ਰਤਨ ਹੈਂ ਜੋ ਸਭ ਜੀਵਾਂ ਦੀਆਂ ਚਿਤਵੀਆਂ ਕਾਮਨਾ ਪੂਰੀਆਂ ਕਰਨ ਵਾਲਾ ਹੈਂ ॥੧॥ ਰਹਾਉ ॥
9188	212	ਦੀਨ ਦਇਆਲਾ ਪਾਰਬ੍ਰਹਮ॥		Dheen Dhaeiaalaa Paarabreham ||	The Supreme Lord God is Merciful to the meek;	ਹੇ ਪਾਰਬ੍ਰਹਮ ਪ੍ਰਭੂ! ਤੂੰ ਗਰੀਬਾਂ ਉਤੇ ਦਇਆ ਕਰਨ ਵਾਲਾ ਹੈਂ (ਤੂੰ ਐਸਾ ਹੈਂ)
9189	212	ਜਾ ਕੈ ਸਿਮਰਣਿ ਸੁਖ ਭਏ॥੧॥		Jaa Kai Simaran Sukh Bheae ||1||	Meditating in remembrance on Him, peace is obtained. ||1||	ਜਿਸ ਦੇ ਸਿਮਰਨ ਦੀ ਬਰਕਤਿ ਨਾਲ ਸਾਰੇ ਸੁਖ ਪ੍ਰਾਪਤ ਹੋ ਜਾਂਦੇ ਹਨ ॥੧॥
9190	212	ਅਕਾਲ ਪੁਰਖ ਅਗਾਧਿ ਬੋਧ॥	(ਅਗਾਧਿ) ਬਹੁਤ ਡੂੰਘੇ। (ਬੋਧ) ਗਿਆਨ	Akaal Purakh Agaadhh Bodhh ||	The Wisdom of the Undying Primal Being is beyond comprehension.	ਹੇ ਅਕਾਲ ਪੁਰਖ! ਤੇਰੇ ਸਰੂਪ ਦੀ ਸਮਝ ਜੀਵਾਂ ਦੀ ਅਕਲ ਤੋਂ ਪਰੇ ਹੈ,
9191	212	ਸੁਨਤ ਜਸੋ ਕੋਟਿ ਅਘ ਖਏ॥੨॥	(ਜਸੋ) ਜਸ। (ਖਏ) ਨਾਸ ਹੋਏ	Sunath Jaso Kott Agh Kheae ||2||	Hearing His Praises, millions of sins are erased. ||2||	ਤੇਰੀ ਸਿਫ਼ਤ-ਸਾਲਾਹ ਸੁਣਦਿਆਂ ਕ੍ਰੋੜਾਂ ਪਾਪ ਨਾਸ ਹੋ ਜਾਂਦੇ ਹਨ ॥੨॥
9192	212	ਕਿਰਪਾਨਿਧਿ ਪ੍ਰਭ ਮਇਆ ਧਾਰਿ॥	(ਮਇਆ) ਦਇਆ	Kirapaa Nidhh Prabh Maeiaa Dhhaar ||	O God, Treasure of Mercy, please bless Nanak with Your kindness,	ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਜਿਸ ਜਿਸ ਮਨੁੱਖ ਉਤੇ ਤੂੰ ਤਰਸ ਕਰਦਾ ਹੈਂ,

9193	212	ਨਾਨਕ ਹਰਿ ਹਰਿ ਨਾਮੁ ਲਏ॥੩॥੧੩॥੧੫੧॥		Naanak Har Har Naam Leae ||3||13||151||	That he may repeat the Name of the Lord, Har, Har. ||3||13||151||	ਹੇ ਨਾਨਕ! (ਆਖ-) ਉਹ ਤੇਰਾ ਹਰਿ-ਨਾਮ ਸਿਮਰਦਾ ਹੈ ॥੩॥੧੩॥੧੫੧॥
9194	212	ਗਉੜੀ ਪੂਰਬੀ ਮਹਲਾ ੫॥		Gourree Poorabee Mehalaa 5 ||	Gauree Poorbee, Fifth Mehl:	
9195	212	ਮੇਰੇ ਮਨ ਸਰਣਿ ਪ੍ਰਭੂ ਸੁਖ ਪਾਏ॥		Maerae Man Saran Prabhoo Sukh Paaeae ||	O my mind, in the Sanctuary of God, peace is found.	ਹੇ ਮੇਰੇ ਮਨ! ਜੇਹੜਾ ਮਨੁੱਖ ਪ੍ਰਭੂ ਦੀ ਸਰਨ ਪੈਂਦਾ ਹੈ, ਉਹ ਆਤਮਕ ਆਨੰਦ ਮਾਣਦਾ ਹੈ।
9196	212	ਜਾ ਦਿਨਿ ਬਿਸਰੈ ਪ੍ਰਾਨ ਸੁਖਦਾਤਾ ਸੋ ਦਿਨੁ ਜਾਤ ਅਜਾਏ॥੧॥ਰਹਾਉ॥	(ਅਜਾਏ) ਬੇਅਰਥ	Jaa Dhin Bisarai Praan Sukhadhaathaa So Dhin Jaath Ajaaeae ||1|| Rehaao ||	That day, when the Giver of life and peace is forgotten - that day passes uselessly. ||1||Pause||	ਜਿਸ ਦਿਨ ਜਿੰਦ ਦਾ ਦਾਤਾ ਸੁਖਾਂ ਦਾ ਦੇਣ ਵਾਲਾ (ਪ੍ਰਭੂ) ਜੀਵ ਨੂੰ ਵਿਸਰ ਜਾਂਦਾ ਹੈ, (ਉਸ ਦਾ) ਉਹ ਦਿਨ ਵਿਅਰਥ ਚਲਾ ਜਾਂਦਾ ਹੈ ॥੧॥ ਰਹਾਉ ॥
9197	212	ਏਕ ਰੈਣ ਕੇ ਪਾਹੁਨ ਤੁਮ ਆਏ ਬਹੁ ਜੁਗ ਆਸ ਬਧਾਏ॥	(ਰੈਣ) ਰਾਤ। (ਪਾਹੁਨ) ਪ੍ਰਾਹੁਣੇ। (ਬਧਾਏ) ਬੰਨ੍ਦੇ	Eaek Rain Kae Paahun Thum Aaeae Bahu Jug Aas Badhhaaeae ||	You have come as a guest for one short night, and yet you hope to live for many ages.	(ਹੇ ਭਾਈ!) ਤੁਸੀ ਇਕ ਰਾਤ (ਕਿਤੇ ਸਫ਼ਰ ਵਿਚ) ਗੁਜ਼ਾਰਨ ਵਾਲੇ ਪ੍ਰਾਹੁਣੇ ਵਾਂਗ (ਜਗਤ ਵਿਚ) ਆਏ ਹੋ ਪਰ ਇਥੇ ਕਈ ਜੁਗ ਜੀਊਂਦੇ ਰਹਿਣ ਦੀਆਂ ਆਸਾਂ ਬੰਨ੍ਹ ਰਹੇ ਹੋ।

9198	212	ਗ੍ਰਿਹ ਮੰਦਰ ਸੰਪੈ ਜੋ ਦੀਸੈ ਜਿਉ ਤਰਵਰ ਕੀ ਛਾਏ॥੧॥	(ਸੰਪੈ) ਧਨ ਪਦਾਰਥ। (ਤਰਵਰ) ਦਰਖਤ	Grih Mandhar Sanpai Jo Dheesai Jio Tharavar Kee Shhaaeae ||1||	Households, mansions and wealth - whatever is seen, is like the shade of a tree. ||1||	(ਹੇ ਭਾਈ!) ਇਹ ਘਰ ਮਹਲ ਧਨ-ਪਦਾਰਥ-ਜੋ ਕੁਝ ਦਿੱਸ ਰਿਹਾ ਹੈ, ਇਹ ਸਭ ਰੁੱਖ ਦੀ ਛਾਂ ਵਾਂਗ ਹੈ (ਸਦਾ ਸਾਥ ਨਹੀਂ ਨਿਬਾਹੁੰਦਾ) ॥੧॥
9199	212	ਤਨੁ ਮੇਰਾ ਸੰਪੈ ਸਭ ਮੇਰੀ ਬਾਗ ਮਿਲਖ ਸਭ ਜਾਏ॥	(ਮਿਲਖ) ਜਾਇਦਾਦ। (ਜਾਏ) ਜਗ੍ਹਾ	Than Maeraa Sanpai Sabh Maeree Baag Milakh Sabh Jaaeae ||	My body, wealth, and all my gardens and property shall all pass away.	ਇਹ ਸਰੀਰ ਮੇਰਾ ਹੈ, ਇਹ ਧਨ-ਪਦਾਰਥ ਸਾਰਾ ਮੇਰਾ ਹੈ, ਇਹ ਬਾਗ਼ ਮੇਰੇ ਹਨ, ਇਹ ਜ਼ਮੀਨਾਂ ਮੇਰੀਆਂ ਹਨ, ਇਹ ਸਾਰੇ ਥਾਂ ਮੇਰੇ ਹਨ-
9200	212	ਦੇਵਨਹਾਰਾ ਬਿਸਰਿਓ ਠਾਕੁਰੁ ਖਿਨ ਮਹਿ ਹੋਤ ਪਰਾਏ॥੨॥		Dhaevanehaaraa Bisariou Thaakur Khin Mehi Hoth Paraaeae ||2||	You have forgotten your Lord and Master, the Great Giver. In an instant, these shall belong to somebody else. ||2||	(ਹੇ ਭਾਈ! ਇਸ ਮਮਤਾ ਵਿਚ ਫਸ ਕੇ ਮਨੁੱਖ ਨੂੰ ਇਹ ਸਭ ਕੁਝ) ਦੇਣ ਵਾਲਾ ਪਰਮਾਤਮਾ ਠਾਕੁਰ ਭੁੱਲ ਜਾਂਦਾ ਹੈ (ਤੇ, ਇਹ ਸਾਰੇ ਹੀ ਪਦਾਰਥ) ਇਕ ਖਿਨ ਵਿਚ ਓਪਰੇ ਹੋ ਜਾਂਦੇ ਹਨ (ਇਸ ਤਰ੍ਹਾਂ ਆਖ਼ਰ ਖ਼ਾਲੀ-ਹੱਥ ਤੁਰ ਪੈਂਦਾ ਹੈ) ॥੨॥
9201	213	ਪਹਿਰੈ ਬਾਗਾ ਕਰਿ ਇਸਨਾਨਾ ਚੋਆ ਚੰਦਨ ਲਾਏ॥	(ਬੱਗਾ) ਪੋਸ਼ਾਕਾਂ	Pehirai Baagaa Kar Eisanaanaa Choaa Chandhan Laaeae ||	You wear white clothes and take cleansing baths, and anoint yourself with sandalwood oil.	ਮਨੁੱਖ ਨ੍ਹਾ ਧੋ ਕੇ ਚਿੱਟੇ ਕੱਪੜੇ ਪਹਿਨਦਾ ਹੈ, ਅਤਰ ਤੇ ਚੰਦਨ ਆਦਿਕ (ਸਰੀਰ ਨੂੰ ਕੱਪੜਿਆਂ ਨੂੰ) ਲਾਂਦਾ ਹੈ,

9202	213	ਨਿਰਭਉ ਨਿਰੰਕਾਰ ਨਹੀ ਚੀਨਿਆ ਜਿਉ ਹਸਤੀ ਨਾਵਾਏ॥੩॥	(ਚੀਨਿਆ) ਜਾਣੇ। (ਹਸਤੀ) ਹਾਥੀ। ਨ੍ਹਾਵਾਏ	Nirabho Nirankaar Nehee Cheeniaa Jio Hasathee Naavaaeae ||3||	But you do not remember the Fearless, Formless Lord - you are like an elephant bathing in the mud. ||3||	ਪਰ ਜੇ ਮਨੁੱਖ ਨਿਰਭਉ ਨਿਰੰਕਾਰ ਨਾਲ ਜਾਣ-ਪਛਾਣ ਨਹੀਂ ਪਾਂਦਾ ਤਾਂ ਇਹ ਸਭ ਉੱਦਮ ਇਉਂ ਹੀ ਹੈ ਜਿਵੇਂ ਕੋਈ ਮਨੁੱਖ ਹਾਥੀ ਨੂੰ ਨਵ੍ਹਾਂਦਾ ਹੈ (ਤੇ ਨ੍ਹਾਉਣ ਪਿਛੋਂ ਆਪਣੇ ਉਤੇ ਘੱਟਾ-ਮਿੱਟੀ ਪਾ ਲੈਂਦਾ ਹੈ) ॥੩॥
9203	213	ਜਉ ਹੋਇ ਕ੍ਰਿਪਾਲ ਤ ਸਤਿਗੁਰੁ ਮੇਲੈ ਸਭਿ ਸੁਖ ਹਰਿ ਕੇ ਨਾਏ॥		Jo Hoe Kirapaal Th Sathigur Maelai Sabh Sukh Har Kae Naaeae ||	When God becomes merciful, He leads you to meet the True Guru; all peace is in the Name of the Lord.	(ਪਰ ਜੀਵਾਂ ਦੇ ਭੀ ਕੀਹ ਵੱਸ?) ਜਦੋਂ ਪਰਮਾਤਮਾ (ਕਿਸੇ ਉਤੇ) ਦਇਆਵਾਨ ਹੁੰਦਾ ਹੈ, ਤਦੋਂ ਉਸ ਨੂੰ ਗੁਰੂ ਮਿਲਾਂਦਾ ਹੈ (ਗੁਰੂ ਉਸ ਨੂੰ ਨਾਮ ਦੀ ਦਾਤ ਦੇਂਦਾ ਹੈ ਜਿਸ) ਹਰਿ-ਨਾਮ ਵਿਚ ਹੀ ਸਾਰੇ ਹੀ ਸੁਖ ਹਨ।
9204	213	ਮੁਕਤੁ ਭਇਆ ਬੰਧਨ ਗੁਰਿ ਖੋਲੇ ਜਨ ਨਾਨਕ ਹਰਿ ਗੁਣ ਗਾਏ॥੪॥੧੪॥੧੫੨॥		Mukath Bhaeiaa Bandhhan Gur Kholae Jan Naanak Har Gun Gaaeae ||4||14||152||	The Guru has liberated me from bondage; servant Nanak sings the Glorious Praises of the Lord. ||4||14||152||	ਹੇ ਨਾਨਕ! ਜਿਸ ਮਨੁੱਖ ਦੇ (ਮਾਇਆ ਮੋਹ ਦੇ) ਬੰਧਨ ਗੁਰੂ ਨੇ ਖੋਲ੍ਹ ਦਿੱਤੇ, ਉਹ ਮਨੁੱਖ (ਹੀ) ਪਰਮਾਤਮਾ ਦੇ ਗੁਣ ਗਾਂਦਾ ਹੈ ॥੪॥੧੪॥੧੫੨॥
9205	213	ਗਉੜੀ ਪੂਰਬੀ ਮਹਲਾ ੫॥		Gourree Poorabee Mehalaa 5 ||	Gauree, Fifth Mehl:	

9206	213	ਮੇਰੇ ਮਨ ਗੁਰੁ ਗੁਰੁ ਗੁਰੁ ਸਦ ਕਰੀਐ॥		Maerae Man Gur Gur Gur Sadh Kareeai ||	O my mind, dwell always upon the Guru, Guru, Guru.	ਹੇ ਮੇਰੇ ਮਨ! ਸਦਾ ਸਦਾ ਹੀ ਗੁਰੂ ਨੂੰ ਯਾਦ ਰੱਖਣਾ ਚਾਹੀਦਾ ਹੈ,
9207	213	ਰਤਨ ਜਨਮੁ ਸਫਲੁ ਗੁਰਿ ਕੀਆ ਦਰਸਨ ਕਉ ਬਲਿਹਰੀਐ॥੧॥ਰਹਾਉ॥		Rathan Janam Safal Gur Keeaa Dharasan Ko Balihareeai ||1|| Rehaao ||	The Guru has made the jewel of this human life prosperous and fruitful. I am a sacrifice to the Blessed Vision of His Darshan. ||1||Pause||	ਗੁਰੂ ਦੇ ਦਰਸਨ ਤੋਂ ਸਦਕੇ ਜਾਣਾ ਚਾਹੀਦਾ ਹੈ। ਗੁਰੂ ਨੇ (ਹੀ ਜੀਵਾਂ ਦੇ) ਕੀਮਤੀ ਮਨੁੱਖਾ ਜਨਮ ਨੂੰ ਫਲ ਲਾਇਆ ਹੈ ॥੧॥ ਰਹਾਉ ॥
9208	213	ਜੇਤੇ ਸਾਸ ਗ੍ਰਾਸ ਮਨੁ ਲੇਤਾ ਤੇਤੇ ਹੀ ਗੁਨ ਗਾਈਐ॥		Jaethae Saas Graas Man Laethaa Thaethae Hee Gun Gaaeeai ||	As many breaths and morsels as you take, O my mind - so many times, sing His Glorious Praises.	(ਹੇ ਭਾਈ!) ਜੀਵ ਜਿਤਨੇ ਭੀ ਸਾਹ ਲੈਂਦਾ ਹੈ ਜਿਤਨੀਆਂ ਹੀ ਗ੍ਰਾਹੀਆਂ ਖਾਂਦਾ ਹੈ (ਹਰੇਕ ਸਾਹ ਤੇ ਗ੍ਰਾਹੀ ਦੇ ਨਾਲ ਨਾਲ) ਉਤਨੇ ਹੀ ਪਰਮਾਤਮਾ ਦੇ ਗੁਣ ਗਾਂਦਾ ਰਹੇ।
9209	213	ਜਉ ਹੋਇ ਦੈਆਲੁ ਸਤਿਗੁਰੁ ਅਪੁਨਾ ਤਾ ਇਹ ਮਤਿ ਬੁਧਿ ਪਾਈਐ॥੧॥		Jo Hoe Dhaiaal Sathigur Apunaa Thaa Eih Math Budhh Paaeeai ||1||	When the True Guru becomes merciful, then this wisdom and understanding is obtained. ||1||	(ਪਰ) ਇਹ ਅਕਲ ਇਹ ਮਤਿ ਤਦੋਂ ਹੀ ਜੀਵ ਨੂੰ ਮਿਲਦੀ ਹੈ ਜਦੋਂ ਪਿਆਰਾ ਸਤਿਗੁਰੂ ਦਇਆਵਾਨ ਹੋਵੇ ॥੧॥

9210	213	ਮੇਰੇ ਮਨ ਨਾਮਿ ਲਏ ਜਮ ਬੰਧ ਤੇ ਛੂਟਹਿ ਸਰਬ ਸੁਖਾ ਸੁਖ ਪਾਈਐ॥		Maerae Man Naam Leae Jam Bandhh Thae Shhoottehi Sarab Sukhaa Sukh Paaeeai ||	O my mind, taking the Naam, you shall be released from the bondage of death, and the peace of all peace will be found.	ਹੇ ਮੇਰੇ ਮਨ! ਜੇ ਤੂੰ ਪਰਮਾਤਮਾ ਦਾ ਨਾਮ ਸਿਮਰਦਾ ਰਹੇਂ ਤਾਂ ਜਮ ਦੇ ਬੰਧਨਾਂ ਤੋਂ ਖ਼ਲਾਸੀ ਪਾ ਲਏਂਗਾ (ਉਹਨਾਂ ਮਾਇਕ ਬੰਧਨਾਂ ਤੋਂ ਛੁੱਟ ਜਾਏਂਗਾ ਜੋ ਜਮ ਦੇ ਵੱਸ ਪਾਂਦੇ ਹਨ ਜੋ ਆਤਮਕ ਮੌਤ ਲਿਆ ਦੇਂਦੇ ਹਨ), ਤੇ ਨਾਮ ਸਿਮਰਿਆਂ ਸਾਰੇ ਸੁਖਾਂ ਤੋਂ ਸ੍ਰੇਸ਼ਟ ਆਤਮਕ ਆਨੰਦ ਪ੍ਰਾਪਤ ਹੋ ਜਾਂਦਾ ਹੈ।
9211	213	ਸੇਵਿ ਸੁਆਮੀ ਸਤਿਗੁਰੁ ਦਾਤਾ ਮਨ ਬੰਛਤ ਫਲ ਆਈਐ॥੨॥	(ਬੰਛਤ) ਇੱਛਤ	Saev Suaamee Sathigur Dhaathaa Man Banshhath Fal Aaeeai ||2||	Serving your Lord and Master, the True Guru, the Great Giver, you shall obtain the fruits of your mind's desires. ||2||	(ਹੇ ਭਾਈ!) ਮਾਲਕ-ਪ੍ਰਭੂ ਦੇ ਨਾਮ ਦੀ ਦਾਤ ਦੇਣ ਵਾਲੇ ਸਤਿਗੁਰੂ ਦੀ ਸੇਵਾ ਕਰ ਕੇ ਮਨ-ਇੱਛਤ ਫਲ ਹੱਥ ਆ ਜਾਂਦੇ ਹਨ ॥੨॥
9212	213	ਨਾਮੁ ਇਸਟੁ ਮੀਤ ਸੁਤ ਕਰਤਾ ਮਨ ਸੰਗਿ ਤੁਹਾਰੈ ਚਾਲੈ॥	(ਇਸਟੁ) ਪਿਆਰਾ	Naam Eisatt Meeth Suth Karathaa Man Sang Thuhaarai Chaalai ||	The Name of the Creator is your beloved friend and child; it alone shall go along with you, O my mind.	ਹੇ ਮੇਰੇ ਮਨ! ਕਰਤਾਰ ਦਾ ਨਾਮ ਹੀ ਤੇਰਾ ਅਸਲ ਪਿਆਰਾ ਹੈ ਮਿੱਤਰ ਹੈ ਪੁੱਤਰ ਹੈ। ਹੇ ਮਨ! ਇਹ ਨਾਮ ਹੀ ਹਰ ਵੇਲੇ ਤੇਰੇ ਨਾਲ ਸਾਥ ਕਰਦਾ ਹੈ।

9213	213	ਕਰਿ ਸੇਵਾ ਸਤਿਗੁਰ ਅਪੁਨੇ ਕੀ ਗੁਰ ਤੇ ਪਾਈਐ ਪਾਲੈ॥੩॥	(ਪੱਾਲੈ) ਪੱਲੇ	Kar Saevaa Sathigur Apunae Kee Gur Thae Paaeeai Paalai ||3||	So serve your True Guru, and you shall receive the Name from the Guru. ||3||	ਹੇ ਮਨ! ਆਪਣੇ ਸਤਿਗੁਰੂ ਦੀ ਸਰਨ ਪਉ, ਕਰਤਾਰ ਦਾ ਨਾਮ ਸਤਿਗੁਰੂ ਤੋਂ ਹੀ ਮਿਲਦਾ ਹੈ ॥੩॥
9214	213	ਗੁਰਿ ਕਿਰਪਾਲਿ ਕ੍ਰਿਪਾ ਪ੍ਰਭਿ ਧਾਰੀ ਬਿਨਸੇ ਸਰਬ ਅੰਦੇਸਾ॥	(ਬਿਨਸੇ) ਨਾਸ ਹੋਏ। (ਅੰਦੇਸਾ) ਚਿੰਤਾ	Gur Kirapaal Kirapaa Prabh Dhhaaree Binasae Sarab Andhaesaa ||	When God, the Merciful Guru, showered His Mercy upon me, all my anxieties were dispelled.	ਜਿਸ ਮਨੁੱਖ ਉਤੇ ਕਿਰਪਾਲ ਸਤਿਗੁਰੂ ਨੇ ਪਰਮਾਤਮਾ ਨੇ ਮਿਹਰ ਕੀਤੀ ਉਸ ਦੇ ਸਾਰੇ ਚਿੰਤਾ-ਫ਼ਿਕਰ ਮਿਟ ਗਏ।
9215	213	ਨਾਨਕ ਸੁਖੁ ਪਾਇਆ ਹਰਿ ਕੀਰਤਨਿ ਮਿਟਿਓ ਸਗਲ ਕਲੇਸਾ॥੪॥੧੫॥੧੫੩॥		Naanak Sukh Paaeiaa Har Keerathan Mittiou Sagal Kalaesaa ||4||15||153||	Nanak has found the peace of the Kirtan of the Lord's Praises. All his sorrows have been dispelled. ||4||15||153||	ਹੇ ਨਾਨਕ! ਜਿਸ ਮਨੁੱਖ ਨੇ ਪਰਮਾਤਮਾ ਦੇ ਕੀਰਤਨ ਵਿਚ ਆਨੰਦ ਮਾਣਿਆ, ਉਸ ਦੇ ਸਾਰੇ ਦੁੱਖ-ਕਲੇਸ਼ ਦੂਰ ਹੋ ਗਏ ॥੪॥੧੫॥੧੫੩॥
9216	213	ਰਾਗੁ ਗਉੜੀ ਮਹਲਾ ੫		Raag Gourree Mehalaa 5	Raag Gauree, Fifth Mehl:	ਰਾਗ ਗਉੜੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
9217	213	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

9218	213	ਤ੍ਰਿਸਨਾ ਬਿਰਲੇ ਹੀ ਕੀ ਬੁਝੀ ਹੇ॥੧॥ਰਹਾਉ॥	ਬੁਝੀ: ਪੋਲਾ ਬੋਲੋ	Thrisanaa Biralae Hee Kee Bujhee Hae ||1|| Rehaao ||	The thirst of only a few is quenched. ||1||Pause||	(ਹੇ ਭਾਈ!) ਕਿਸੇ ਵਿਰਲੇ ਮਨੁੱਖ ਦੇ ਅੰਦਰੋਂ ਤ੍ਰਿਸ਼ਨਾ (ਦੀ ਅੱਗ) ਬੁੱਝਦੀ ਹੈ ॥੧॥ ਰਹਾਉ ॥
9219	213	ਕੋਟਿ ਜੋਰੇ ਲਾਖ ਕ੍ਰੋਰੇ ਮਨੁ ਨ ਹੋਰੇ॥	(ਹੋਰੇ) ਰੋਕਦਾ	Kott Jorae Laakh Krorae Man N Horae ||	People may accumulate hundreds of thousands, millions, tens of millions, and yet the mind is not restrained.	(ਸਾਧਾਰਨ ਹਾਲਤ ਇਹ ਬਣੀ ਪਈ ਹੈ ਕਿ ਮਨੁੱਖ) ਕ੍ਰੋੜਾਂ ਰੁਪਏ ਕਮਾਂਦਾ ਹੈ, ਲੱਖਾਂ ਕ੍ਰੋੜਾਂ ਰੁਪਏ ਇਕੱਠੇ ਕਰਦਾ ਹੈ (ਫਿਰ ਭੀ ਮਾਇਆ ਦੇ ਲਾਲਚ ਵਲੋਂ ਆਪਣੇ) ਮਨ ਨੂੰ ਰੋਕਦਾ ਨਹੀਂ,
9220	213	ਪਰੈ ਪਰੈ ਹੀ ਕਉ ਲੁਝੀ ਹੇ॥੧॥	(ਲੁੱਝੀ) ਚਹੁੰਦਾ	Parai Parai Hee Ko Lujhee Hae ||1||	They only yearn for more and more. ||1||	(ਸਗੋਂ) ਹੋਰ ਵਧੀਕ ਹੋਰ ਵਧੀਕ ਧਨ ਇਕੱਠਾ ਕਰਨ ਵਾਸਤੇ (ਤ੍ਰਿਸ਼ਨਾ ਦੀ ਅੱਗ ਵਿਚ) ਸੜਦਾ ਰਹਿੰਦਾ ਹੈ ॥੧॥
9221	213	ਸੁੰਦਰ ਨਾਰੀ ਅਨਿਕ ਪਰਕਾਰੀ ਪਰ ਗ੍ਰਿਹ ਬਿਕਾਰੀ॥		Sundhar Naaree Anik Parakaaree Par Grih Bikaaree ||	They may have all sorts of beautiful women, but still, they commit adultery in the homes of others.	ਮਨੁੱਖ ਆਪਣੀ ਸੁੰਦਰ ਇਸਤ੍ਰੀ ਨਾਲ ਅਨੇਕਾਂ ਕਿਸਮਾਂ ਦੇ ਲਾਡ-ਪਿਆਰ ਕਰਦਾ ਹੈ, ਫਿਰ ਭੀ ਪਰ-ਇਸਤ੍ਰੀ-ਸੰਗ ਦਾ ਮੰਦ-ਕਰਮ ਕਰਦਾ ਹੈ।
9222	213	ਬੁਰਾ ਭਲਾ ਨਹੀ ਸੁਝੀ ਹੇ॥੨॥	ਸੁੱਝੀ	Buraa Bhalaa Nehee Sujhee Hae ||2||	They do not distinguish between good and bad. ||2||	(ਕਾਮ ਵਾਸ਼ਨਾ ਵਿਚ ਅੰਨ੍ਹੇ ਹੋਏ ਹੋਏ ਨੂੰ) ਇਹ ਨਹੀਂ ਸੁੱਝਦਾ ਕਿ ਭੈੜਾ ਕਰਮ ਕੇਹੜਾ ਹੈ ਤੇ ਚੰਗਾ ਕਰਮ ਕੇਹੜਾ ਹੈ ॥੨॥

9223	213	ਅਨਿਕ ਬੰਧਨ ਮਾਇਆ ਭਰਮਤੁ ਭਰਮਾਇਆ ਗੁਣ ਨਿਧਿ ਨਹੀ ਗਾਇਆ॥		Anik Bandhhan Maaeiaa Bharamath Bharamaaeiaa Gun Nidhh Nehee Gaaeiaa ||	They wander around lost, trapped in the myriad bonds of Maya; they do not sing the Praises of the Treasure of Virtue.	(ਹੇ ਭਾਈ! ਮਾਇਆ ਦੇ ਮੋਹ ਦੇ) ਅਨੇਕਾਂ ਬੰਧਨਾਂ ਵਿਚ ਬੱਝਾ ਹੋਇਆ ਮਨੁੱਖ (ਮਾਇਆ ਦੀ ਖ਼ਾਤਰ) ਭਟਕਦਾ ਫਿਰਦਾ ਹੈ, ਮਾਇਆ ਇਸ ਨੂੰ ਖ਼ੁਆਰ ਕਰਦੀ ਹੈ, (ਮਾਇਆ ਦੇ ਪ੍ਰਭਾਵ ਹੇਠ ਰਹਿ ਕੇ) ਮਨੁੱਖ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਨਹੀਂ ਕਰਦਾ।
9224	213	ਮਨ ਬਿਖੈ ਹੀ ਮਹਿ ਲੁਝੀ ਹੇ॥੩॥		Man Bikhai Hee Mehi Lujhee Hae ||3||	Their minds are engrossed in poison and corruption. ||3||	ਮਨੁੱਖਾਂ ਦੇ ਮਨ ਵਿਸ਼ਿਆਂ ਦੀ ਅੱਗ ਵਿਚ ਹੀ ਸੜਦੇ ਰਹਿੰਦੇ ਹਨ ॥੩॥
9225	213	ਜਾ ਕਉ ਰੇ ਕਿਰਪਾ ਕਰੈ ਜੀਵਤ ਸੋਈ ਮਰੈ ਸਾਧਸੰਗਿ ਮਾਇਆ ਤਰੈ॥		Jaa Ko Rae Kirapaa Karai Jeevath Soee Marai Saadhhasang Maaeiaa Tharai ||	Those, unto whom the Lord shows His Mercy, remain dead while yet alive. In the Saadh Sangat, the Company of the Holy, they cross over the ocean of Maya.	ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਮਿਹਰ ਕਰਦਾ ਹੈ, ਉਹੀ ਮਨੁੱਖ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਭੀ ਮਾਇਆ ਦੇ ਮੋਹ ਵਲੋਂ ਅਛੋਹ ਰਹਿੰਦਾ ਹੈ, ਤੇ ਸਾਧ ਸੰਗਤਿ ਵਿਚ ਰਹਿ ਕੇ ਮਾਇਆ (ਦੀ ਘੁੰਮਣ-ਘੇਰੀ) ਤੋਂ ਪਾਰ ਲੰਘ ਜਾਂਦਾ ਹੈ।
9226	213	ਨਾਨਕ ਸੋ ਜਨੁ ਦਰਿ ਹਰਿ ਸਿਝੀ ਹੇ॥੪॥੧॥੧੫੪॥	(ਸਿੱਝੀ) ਮੁਕਤ	Naanak So Jan Dhar Har Sijhee Hae ||4||1||154||	O Nanak, those humble beings are honored in the Court of the Lord. ||4||1||154||	ਹੇ ਨਾਨਕ! (ਆਖ-) ਉਹ ਮਨੁੱਖ ਪਰਮਾਤਮਾ ਦੇ ਦਰ ਤੇ ਕਾਮਯਾਬ ਗਿਣਿਆ ਜਾਂਦਾ ਹੈ ॥੪॥੧॥੧੫੪॥

9227	213	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
9228	213	ਸਭਹੂ ਕੋ ਰਸੁ ਹਰਿ ਹੋ॥੧॥ਰਹਾਉ॥		Sabhehoo Ko Ras Har Ho ||1|| Rehaao ||	The Lord is the essence of all. ||1||Pause||	ਹੇ ਭਾਈ! ਪਰਮਾਤਮਾ ਦਾ ਨਾਮ ਹੀ ਸਭ ਜੀਵਾਂ ਦਾ ਸ੍ਰੇਸ਼ਟ ਆਨੰਦ ਹੈ ॥੧॥ ਰਹਾਉ ॥
9229	213	ਕਾਹੂ ਜੋਗ ਕਾਹੂ ਭੋਗ ਕਾਹੂ ਗਿਆਨ ਕਾਹੂ ਧਿਆਨ॥		Kaahoo Jog Kaahoo Bhog Kaahoo Giaan Kaahoo Dhhiaan ||	Some practice Yoga, some indulge in pleasures; some live in spiritual wisdom, some live in meditation.	(ਪਰ) ਹੇ ਭਾਈ! (ਪ੍ਰਭੂ ਦੇ ਨਾਮ ਤੋਂ ਖੁੰਝ ਕੇ) ਕਿਸੇ ਮਨੁੱਖ ਨੂੰ ਜੋਗ ਕਮਾਣ ਦਾ ਸ਼ੌਕ ਪੈ ਗਿਆ ਹੈ, ਕਿਸੇ ਨੂੰ ਦੁਨੀਆ ਦੇ ਪਦਾਰਥ ਮਾਨਣ ਦਾ ਚਸਕਾ ਹੈ। ਕਿਸੇ ਨੂੰ ਗਿਆਨ-ਚਰਚਾ ਚੰਗੀ ਲੱਗਦੀ ਹੈ, ਕਿਸੇ ਨੂੰ ਸਮਾਧੀਆਂ ਪਸੰਦ ਹਨ,
9230	213	ਕਾਹੂ ਹੋ ਡੰਡ ਧਰਿ ਹੋ॥੧॥		Kaahoo Ho Ddandd Dhhar Ho ||1||	Some are bearers of the staff. ||1||	ਤੇ ਕਿਸੇ ਨੂੰ ਡੰਡਾ-ਧਾਰੀ ਜੋਗੀ ਬਣਨਾ ਚੰਗਾ ਲੱਗਦਾ ਹੈ ॥੧॥
9231	213	ਕਾਹੂ ਜਾਪ ਕਾਹੂ ਤਾਪ ਕਾਹੂ ਪੂਜਾ ਹੋਮ ਨੇਮ॥		Kaahoo Jaap Kaahoo Thaap Kaahoo Poojaa Hom Naem ||	Some chant in meditation, some practice deep, austere meditation; some worship Him in adoration, some practice daily rituals.	ਹੇ ਭਾਈ! (ਪਰਮਾਤਮਾ ਦਾ ਨਾਮ ਛੱਡ ਕੇ) ਕਿਸੇ ਨੂੰ (ਦੇਵੀ ਦੇਵਤਿਆਂ ਦੇ ਵੱਸ ਕਰਨ ਦੇ) ਜਾਪ ਪਸੰਦ ਆ ਰਹੇ ਹਨ, ਕਿਸੇ ਨੂੰ ਧੂਣੀਆਂ ਤਪਾਣੀਆਂ ਚੰਗੀਆਂ ਲੱਗਦੀਆਂ ਹਨ, ਕਿਸੇ ਨੂੰ ਦੇਵ-ਪੂਜਾ, ਕਿਸੇ ਨੂੰ ਹਵਨ ਆਦਿਕ ਦੀ ਨਿੱਤ ਦੀ ਕਾਰ ਪਸੰਦ ਹੈ,

9232	213	ਕਾਹੂ ਹੋ ਗਉਨੁ ਕਰਿ ਹੋ॥੨॥	(ਗਉਨੁ) ਫਿਰਨਾ	Kaahoo Ho Goun Kar Ho ||2||	Some live the life of a wanderer. ||2||	ਤੇ ਕਿਸੇ ਨੂੰ (ਰਮਤਾ ਸਾਧੂ ਬਣ ਕੇ) ਧਰਤੀ ਉਤੇ ਤੁਰੇ ਫਿਰਨਾ ਚੰਗਾ ਲੱਗਦਾ ਹੈ ॥੨॥
9233	213	ਕਾਹੂ ਤੀਰ ਕਾਹੂ ਨੀਰ ਕਾਹੂ ਬੇਦ ਬੀਚਾਰ॥	ਨਦੀ ਦੇ (ਤੀਰ) ਕੰਢੇ। (ਨੀਰ) ਪਾਣੀ	Kaahoo Theer Kaahoo Neer Kaahoo Baedh Beechaar ||	Some live by the shore, some live on the water; some study the Vedas.	ਹੇ ਭਾਈ! ਕਿਸੇ ਨੂੰ ਕਿਸੇ ਨਦੀ ਦੇ ਕੰਢੇ ਬੈਠਣਾ, ਕਿਸੇ ਨੂੰ ਤੀਰਥ-ਇਸ਼ਨਾਨ, ਤੇ ਕਿਸੇ ਨੂੰ ਵੇਦਾਂ ਦੀ ਵਿਚਾਰ ਪਸੰਦ ਹੈ।
9234	213	ਨਾਨਕਾ ਭਗਤਿ ਪ੍ਰਿਅ ਹੋ॥੩॥੨॥੧੫੫॥	(ਪ੍ਰਿਅ) ਪਿਆਰੇ	Naanakaa Bhagath Pria Ho ||3||2||155||	Nanak loves to worship the Lord. ||3||2||155||	ਪਰ, ਹੇ ਨਾਨਕ! ਪਰਮਾਤਮਾ ਭਗਤੀ ਨੂੰ ਪਿਆਰ ਕਰਨ ਵਾਲਾ ਹੈ ॥੩॥੨॥੧੫੫॥
9235	213	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
9236	213	ਗੁਨ ਕੀਰਤਿ ਨਿਧਿ ਮੋਰੀ॥੧॥ਰਹਾਉ॥	(ਕੀਰਤਿ) ਜਸ। (ਨਿਧਿ) ਖਜ਼ਾਨਾ। (ਮੋਰੀ) ਮੇਰਾ	Gun Keerath Nidhh Moree ||1|| Rehaao ||	To sing the Kirtan of the Lord's Praises is my treasure. ||1||Pause||	(ਹੇ ਪ੍ਰਭੂ!) ਤੇਰੇ ਗੁਣਾਂ ਦੀ ਵਡਿਆਈ ਕਰਨੀ ਹੀ ਮੇਰੇ ਵਾਸਤੇ (ਦੁਨੀਆ ਦੇ ਸਾਰੇ ਪਦਾਰਥਾਂ ਦਾ) ਖ਼ਜ਼ਾਨਾ ਹੈ ॥੧॥ ਰਹਾਉ ॥
9237	213	ਤੂੰਹੀ ਰਸ ਤੂੰਹੀ ਜਸ ਤੂੰਹੀ ਰੂਪ ਤੂਹੀ ਰੰਗ॥		Thoonhee Ras Thoonhee Jas Thoonhee Roop Thoohee Rang ||	You are my delight, You are my praise. You are my beauty, You are my love.	(ਹੇ ਪ੍ਰਭੂ!) ਤੂੰ ਹੀ (ਮੇਰੇ ਵਾਸਤੇ ਦੁਨੀਆ ਦੇ ਪਦਾਰਥਾਂ ਦੇ) ਸੁਆਦ ਹੈਂ, ਤੂੰ ਹੀ (ਮੇਰੇ ਵਾਸਤੇ ਦੁਨੀਆ ਦੀਆਂ) ਵਡਿਆਈਆਂ ਹੈਂ, ਤੂੰ ਹੀ (ਮੇਰੇ ਵਾਸਤੇ ਜਗਤ ਦੇ ਸੋਹਣੇ ਰੂਪ ਤੇ ਰੰਗ-ਤਮਾਸ਼ੇ ਹੈਂ।

9238	213	ਆਸ ਓਟ ਪ੍ਰਭ ਤੋਰੀ॥੧॥		Aas Outt Prabh Thoree ||1||	O God, You are my hope and support. ||1||	ਹੇ ਪ੍ਰਭੂ! ਮੈਨੂੰ ਤੇਰੀ ਓਟ ਹੈ ਤੇਰੀ ਹੀ ਆਸ ਹੈ ॥੧॥
9239	213	ਤੂਹੀ ਮਾਨ ਤੂੰਹੀ ਧਾਨ ਤੂਹੀ ਪਤਿ ਤੂਹੀ ਪ੍ਰਾਨ॥	(ਧਾਨ) ਅੰਨ ਦਾਤਾ	Thoohee Maan Thoonhee Dhhaan Thoohee Path Thoohee Praan ||	You are my pride, You are my wealth. You are my honor, You are my breath of life.	(ਹੇ ਪ੍ਰਭੂ!) ਤੂੰ ਹੀ ਮੇਰਾ ਮਾਣ-ਆਦਰ ਹੈਂ, ਤੂੰ ਹੀ ਮੇਰਾ ਧਨ ਹੈਂ, ਤੂੰ ਹੀ ਮੇਰੀ ਇੱਜ਼ਤ ਹੈਂ, ਤੂੰ ਹੀ ਮੇਰੀ ਜਿੰਦ (ਦਾ ਸਹਾਰਾ) ਹੈਂ।
9240	213	ਗੁਰਿ ਤੂਟੀ ਲੈ ਜੋਰੀ॥੨॥		Gur Thoottee Lai Joree ||2||	The Guru has repaired that which was broken. ||2||	ਮੇਰੀ ਤੁੱਟੀ ਹੋਈ (ਸੁਰਤ) ਨੂੰ ਗੁਰੂ ਨੇ (ਤੇਰੇ ਨਾਲ) ਜੋੜ ਦਿੱਤਾ ਹੈ ॥੨॥
9241	213	ਤੂਹੀ ਗ੍ਰਿਹਿ ਤੂਹੀ ਬਨਿ ਤੂਹੀ ਗਾਉ ਤੂਹੀ ਸੁਨਿ॥	(ਸੁੰਨਿ) ਉਜਾੜ	Thoohee Grihi Thoohee Ban Thoohee Gaao Thoohee Sun ||	You are in the household, and You are in the forest. You are in the village, and You are in the wilderness.	ਹੇ ਪ੍ਰਭੂ! ਤੂੰ ਹੀ (ਮੈਨੂੰ) ਘਰ ਵਿਚ ਦਿੱਸ ਰਿਹਾ ਹੈਂ, ਤੂੰ ਹੀ (ਮੈਨੂੰ) ਜੰਗਲ ਵਿਚ (ਦਿੱਸ ਰਿਹਾ) ਹੈਂ, ਤੂੰ ਹੀ (ਮੈਨੂੰ) ਵੱਸੋਂ ਵਿਚ (ਦਿੱਸ ਰਿਹਾ) ਹੈਂ, ਤੂੰ ਹੀ (ਮੈਨੂੰ) ਉਜਾੜ ਵਿਚ (ਦਿੱਸ ਰਿਹਾ) ਹੈਂ।
9242	214	ਹੈ ਨਾਨਕ ਨੇਰ ਨੇਰੀ॥੩॥੩॥੧੫੬॥		Hai Naanak Naer Naeree ||3||3||156||	Nanak: You are near, so very near! ||3||3||156||	ਹੇ ਨਾਨਕ! ਪ੍ਰਭੂ (ਹਰੇਕ ਜੀਵ ਦੇ) ਅੱਤ ਨੇੜੇ ਵੱਸਦਾ ਹੈ ॥੩॥੩॥੧੫੬॥
9243	214	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

9244	214	ਮਾਤੋ ਹਰਿ ਰੰਗਿ ਮਾਤੋ॥੧॥ਰਹਾਉ॥	(ਮੱਾਤੋ) ਮਸਤ। (ਰੰਗਿ) ਪ੍ਰੇਮ ਚ	Maatho Har Rang Maatho ||1|| Rehaao ||	I am intoxicated, intoxicated with the Love of the Lord. ||1||Pause||	(ਹੇ ਜੋਗੀ! ਮੈਂ ਭੀ) ਮਤਵਾਲਾ ਹਾਂ (ਪਰ ਮੈਂ ਤਾਂ) ਪਰਮਾਤਮਾ ਦੇ ਪ੍ਰੇਮ-ਸ਼ਰਾਬ ਨਾਲ ਮਤਵਾਲਾ ਹੋ ਰਿਹਾ ਹਾਂ ॥੧॥ ਰਹਾਉ ॥
9245	214	ਉਹੀ ਪੀਓ ਉਹੀ ਖੀਓ ਗੁਰਹਿ ਦੀਓ ਦਾਨੁ ਕੀਓ॥	(ਖੀਓ) ਮਸਤ	Ouhee Peeou Ouhee Kheeou Gurehi Dheeou Dhaan Keeou ||	I drink it in - I am drunk with it. The Guru has given it to me in charity.	(ਹੇ ਜੋਗੀ!) ਮੈਂ ਉਹ ਨਾਮ-ਮਦ ਹੀ ਪੀਤਾ ਹੈ, ਉਹ ਨਾਮ-ਮਦ ਪੀ ਕੇ ਹੀ ਮੈਂ ਖੀਵਾ ਹੋ ਰਿਹਾ ਹਾਂ, ਗੁਰੂ ਨੇ ਮੈਨੂੰ ਇਹ ਨਾਮ-ਮਦ ਦਿੱਤਾ ਹੈ, ਮੈਨੂੰ ਇਹ ਦਾਤ ਦਿੱਤੀ ਹੈ।
9246	214	ਉਆਹੂ ਸਿਉ ਮਨੁ ਰਾਤੋ॥੧॥	(ਰਾਤੋ) ਰੱਤਾ, ਰੰਗਿਆ	Ouaahoo Sio Man Raatho ||1||	My mind is drenched with it. ||1||	ਹੁਣ ਉਸੇ ਨਾਮ-ਮਦ ਨਾਲ ਹੀ ਮੇਰਾ ਮਨ ਰੱਤਾ ਹੋਇਆ ਹੈ ॥੧॥
9247	214	ਉਹੀ ਭਾਠੀ ਉਹੀ ਪੋਚਾ ਉਹੀ ਪਿਆਰੋ ਉਹੀ ਰੂਚਾ॥	ਸ਼ਰਾਬ ਕੱਢਣ ਵਾਲੀ (ਭਾਠੀ) ਭੱਠੀ।ਭਾਫ਼ ਠੰਢੀ ਕਰਨ ਲਈ ਨਾਲ਼ੀ ਤੇ ਕੀਤਾ (ਪੋਚਾ) ਲੇਪ। (ਰੂਚਾ) ਰੁਚੀ, ਚਾਹ। ਉਹੀ ਹੋੜੇ ਔਂਕੜ ਵਿਚਾਲੇ ਬੋਲੋ	Ouhee Bhaathee Ouhee Pochaa Ouhee Piaaro Ouhee Roochaa ||	It is my furnace, it is the cooling plaster. It is my love, it is my longing.	(ਹੇ ਜੋਗੀ!) ਪਰਮਾਤਮਾ ਦਾ ਨਾਮ ਹੀ (ਸ਼ਰਾਬ ਕੱਢਣ ਵਾਲੀ) ਭੱਠੀ ਹੈ, ਉਹ ਨਾਮ ਹੀ (ਸ਼ਰਾਬ ਨਿਕਲਣ ਵਾਲੀ ਨਾਲ ਉਤੇ ਠੰਢਕ ਅਪੜਾਣ ਵਾਲਾ) ਪੋਚਾ ਹੈ, ਪ੍ਰਭੂ ਦਾ ਨਾਮ ਹੀ (ਮੇਰੇ ਵਾਸਤੇ) ਪਿਆਲਾ ਹੈ, ਅਤੇ ਨਾਮ-ਮਦ ਹੀ ਮੇਰੀ ਲਗਨ ਹੈ।
9248	214	ਮਨਿ ਓਹੋ ਸੁਖੁ ਜਾਤੋ॥੨॥	ਜੱਾਤੋ। ਕਸਕੇ	Man Ouho Sukh Jaatho ||2||	My mind knows it as peace. ||2||	(ਹੇ ਜੋਗੀ!) ਮੈਂ ਆਪਣੇ ਮਨ ਵਿਚ ਉਹੀ (ਨਾਮ-ਮਦ ਦਾ) ਆਨੰਦ ਮਾਣ ਰਿਹਾ ਹਾਂ ॥੨॥

9249	214	ਸਹਜ ਕੇਲ ਅਨਦ ਖੇਲ ਰਹੇ ਫੇਰ ਭਏ ਮੇਲ॥	ਅਨ-ਦ: ਪੋਲਾ ਬੋਲੋ। ਖ੍ਹੇਲ	Sehaj Kael Anadh Khael Rehae Faer Bheae Mael ||	I enjoy intuitive peace, and I play in bliss; the cycle of reincarnation is ended for me, and I am merged with the Lord.	ਹੇ ਨਾਨਕ! (ਆਖ-ਹੇ ਜੋਗੀ! ਜਿਸ ਮਨੁੱਖ ਦਾ ਮਨ) ਗੁਰੂ ਦੇ ਸ਼ਬਦ ਵਿਚ ਪ੍ਰੋਇਆ ਜਾਂਦਾ ਹੈ।
9250	214	ਨਾਨਕ ਗੁਰ ਸਬਦਿ ਪਰਾਤੋ॥੩॥੪॥੧੫੭॥	(ਪਰੱਾਤੋ) ਪ੍ਰੋਤਾ ਗਿਆ	Naanak Gur Sabadh Paraatho ||3||4||157||	Nanak is pierced through with the Word of the Guru's Shabad. ||3||4||157||	ਉਹ ਆਤਮਕ ਅਡੋਲਤਾ ਦੇ ਚੇਜ ਆਨੰਦ ਮਾਣਦਾ ਹੈ, ਉਸ ਦਾ (ਪ੍ਰਭੂ-ਚਰਨਾਂ ਨਾਲ) ਮਿਲਾਪ ਹੋ ਜਾਂਦਾ ਹੈ, ਤੇ ਉਸ ਦੇ ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ ॥੩॥੪॥੧੪੭॥
9251	214	ਰਾਗੁ ਗੌੜੀ ਮਾਲਵਾ ਮਹਲਾ ੫		Raag Gaarree Maalavaa Mehalaa 5	Raag Gauree Maalwaa, Fifth Mehl:	ਰਾਗ ਗਉੜੀ-ਮਾਲਵਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
9252	214	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
9253	214	ਹਰਿ ਨਾਮੁ ਲੇਹੁ ਮੀਤਾ ਲੇਹੁ ਆਗੈ ਬਿਖਮ ਪੰਥੁ ਭੈਆਨ॥੧॥ਰਹਾਉ॥	(ਮੀਤਾ) ਮਿੱਤ੍ਰ। (ਬਿਖਮ) ਔਖਾ। (ਪੰਥੁ) ਰਸਤਾ। ਗੌੜੀ, ਕਨੌੜਾ ਚਾੜ੍ਹਕੇ ਬੋਲੋ	Har Naam Laehu Meethaa Laehu Aagai Bikham Panthh Bhaiaan ||1|| Rehaao ||	Chant the Lord's Name; O my friend, chant it. Hereafter, the path is terrifying and treacherous. ||1||Pause||	ਹੇ ਮਿੱਤਰ! ਪਰਮਾਤਮਾ ਦਾ ਨਾਮ ਸਿਮਰ, ਨਾਮ ਸਿਮਰ। ਜਿਸ ਜੀਵਨ ਪੰਥ ਉਤੇ ਤੂੰ ਤੁਰ ਰਿਹਾ ਹੈਂ ਉਹ ਰਸਤਾ (ਵਿਕਾਰਾਂ ਦੇ ਹੱਲਿਆਂ ਦੇ ਕਾਰਨ) ਔਖਾ ਹੈ ਤੇ ਡਰਾਵਨਾ ਹੈ ॥੧॥ ਰਹਾਉ ॥

9254	214	ਸੇਵਤ ਸੇਵਤ ਸਦਾ ਸੇਵਿ ਤੇਰੈ ਸੰਗਿ ਬਸਤੁ ਹੈ ਕਾਲੁ॥		Saevath Saevath Sadhaa Saev Thaerai Sang Basath Hai Kaal ||	Serve, serve, forever serve the Lord. Death hangs over your head.	(ਹੇ ਮਿੱਤਰ!) ਪਰਮਾਤਮਾ ਦਾ ਨਾਮ ਸਿਮਰਦਿਆਂ ਸਿਮਰਦਿਆਂ ਸਦਾ ਸਿਮਰਦਾ ਰਹੁ, ਮੌਤ ਹਰ ਵੇਲੇ ਤੇਰੇ ਨਾਲ ਵੱਸਦੀ ਹੈ।
9255	214	ਕਰਿ ਸੇਵਾ ਤੂੰ ਸਾਧ ਕੀ ਹੋ ਕਾਟੀਐ ਜਮ ਜਾਲੁ॥੧॥	ਹੋ ਹੋੜਾ ਲੰਬਾ ਬੋਲੋ	Kar Saevaa Thoon Saadhh Kee Ho Kaatteeai Jam Jaal ||1||	Do seva, selfless service, for the Holy Saints, and the noose of Death shall be cut away. ||1||	ਹੇ ਭਾਈ! ਗੁਰੂ ਦੀ ਸੇਵਾ ਕਰ (ਗੁਰੂ ਦੀ ਸਰਨ ਪਉ। ਗੁਰੂ ਦੀ ਸਰਨ ਪਿਆਂ) ਉਹ (ਮੋਹ-) ਜਾਲ ਕੱਟਿਆ ਜਾਂਦਾ ਹੈ ਜੋ ਆਤਮਕ ਮੌਤ ਵਿਚ ਫਸਾ ਦੇਂਦਾ ਹੈ ॥੧॥
9256	214	ਹੋਮ ਜਗ ਤੀਰਥ ਕੀਏ ਬਿਚਿ ਹਉਮੈ ਬਧੇ ਬਿਕਾਰ॥	ਬਧੇ: ਪੋਲਾ ਬੋਲੋ	Hom Jag Theerathh Keeeae Bich Houmai Badhhae Bikaar ||	You may make burnt offerings, sacrificial feasts and pilgrimages to sacred shrines in egotism, but your corruption only increases.	(ਹੇ ਮਿੱਤਰ! ਪਰਮਾਤਮਾ ਦੇ ਨਾਮ ਦਾ ਸਿਮਰਨ ਛੱਡ ਕੇ ਜਿਨ੍ਹਾਂ ਮਨੁੱਖਾਂ ਨੇ ਨਿਰੇ) ਹਵਨ ਕੀਤੇ ਜੱਗ ਕੀਤੇ ਤੀਰਥ-ਇਸ਼ਨਾਨ ਕੀਤੇ, ਉਹ (ਇਹਨਾਂ ਕੀਤੇ ਕਰਮਾਂ ਦੀ) ਹਉਮੈ ਵਿਚ ਫਸਦੇ ਗਏ ਉਹਨਾਂ ਦੇ ਅੰਦਰ ਵਿਕਾਰ ਵਧਦੇ ਗਏ।
9257	214	ਨਰਕੁ ਸੁਰਗੁ ਦੁਇ ਭੁੰਚਨਾ ਹੋਇ ਬਹੁਰਿ ਬਹੁਰਿ ਅਵਤਾਰ॥੨॥	(ਭੁੰਚਨਾ) ਭੋਗਣੇ	Narak Surag Dhue Bhunchanaa Hoe Bahur Bahur Avathaar ||2||	You are subject to both heaven and hell, and you are reincarnated over and over again. ||2||	ਇਸ ਤਰ੍ਹਾਂ ਨਰਕ ਤੇ ਸੁਰਗ ਦੋਵੇਂ ਭੋਗਣੇ ਪੈਂਦੇ ਹਨ, ਤੇ ਮੁੜ ਮੁੜ ਜਨਮਾਂ ਦਾ ਚੱਕਰ ਚੱਲਦਾ ਰਹਿੰਦਾ ਹੈ ॥੨॥

9258	214	ਸਿਵਪੁਰੀ ਬ੍ਰਹਮ ਇੰਦ੍ਰਪੁਰੀ ਨਿਹਚਲੁ ਕੋ ਥਾਉ ਨਾਹਿ॥	(ਨਿਹਚਲੁ) ਸਦਾ ਕਾਇਮ	Siv Puree Breham Eindhr Puree Nihachal Ko Thhaao Naahi ||	The realm of Shiva, the realms of Brahma and Indra as well - no place anywhere is permanent.	(ਹੇ ਮਿੱਤਰ! ਹਵਨ ਜੱਗ ਤੀਰਥ ਆਦਿਕ ਕਰਮ ਕਰ ਕੇ ਲੋਕ ਸ਼ਿਵ-ਪੁਰੀ ਬ੍ਰਹਮ-ਪੁਰੀ ਇੰਦਰ-ਪੁਰੀ ਆਦਿਕ ਦੀ ਪ੍ਰਾਪਤੀ ਦੀਆਂ ਆਸਾਂ ਬਣਾਂਦੇ ਹਨ, ਪਰ) ਸ਼ਿਵ-ਪੁਰੀ, ਬ੍ਰਹਮ-ਪੁਰੀ, ਇੰਦ੍ਰ-ਪੁਰੀ-ਇਹਨਾਂ ਵਿਚੋਂ ਕੋਈ ਭੀ ਥਾਂ ਸਦਾ ਟਿਕੇ ਰਹਿਣ ਵਾਲਾ ਨਹੀਂ ਹੈ।
9259	214	ਬਿਨੁ ਹਰਿ ਸੇਵਾ ਸੁਖੁ ਨਹੀ ਹੋ ਸਾਕਤ ਆਵਹਿ ਜਾਹਿ॥੩॥		Bin Har Saevaa Sukh Nehee Ho Saakath Aavehi Jaahi ||3||	Without serving the Lord, there is no peace at all. The faithless cynic comes and goes in reincarnation. ||3||	ਪਰਮਾਤਮਾ ਦੇ ਸਿਮਰਨ ਤੋਂ ਬਿਨਾ ਕਿਤੇ ਆਤਮਕ ਆਨੰਦ ਭੀ ਨਹੀਂ ਮਿਲਦਾ। ਹੇ ਭਾਈ! ਪਰਮਾਤਮਾ ਨਾਲੋਂ ਵਿਛੁੱੜੇ ਮਨੁੱਖ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ (ਜੰਮਦੇ ਹਨ ਮਰਦੇ ਹਨ, ਜੰਮਦੇ ਹਨ ਮਰਦੇ ਹਨ) ॥੩॥
9260	214	ਜੈਸੋ ਗੁਰਿ ਉਪਦੇਸਿਆ ਮੈ ਤੈਸੋ ਕਹਿਆ ਪੁਕਾਰਿ॥		Jaiso Gur Oupadhaesiaa Mai Thaiso Kehiaa Pukaar ||	As the Guru has taught me, so have I spoken.	(ਹੇ ਭਾਈ!) ਜਿਸ ਤਰ੍ਹਾਂ ਗੁਰੂ ਨੇ (ਮੈਨੂੰ) ਉਪਦੇਸ਼ ਦਿੱਤਾ ਹੈ, ਮੈਂ ਉਸੇ ਤਰ੍ਹਾਂ ਉੱਚੀ ਬੋਲ ਕੇ ਦੱਸ ਦਿੱਤਾ ਹੈ।

9261	214	ਨਾਨਕੁ ਕਹੈ ਸੁਨਿ ਰੇ ਮਨਾ ਕਰਿ ਕੀਰਤਨੁ ਹੋਇ ਉਧਾਰੁ॥੪॥੧॥੧੫੮॥		Naanak Kehai Sun Rae Manaa Kar Keerathan Hoe Oudhhaar ||4||1||158||	Says Nanak, listen, people: sing the Kirtan of the Lord's Praises, and you shall be saved. ||4||1||158||	ਨਾਨਕ ਆਖਦਾ ਹੈ-ਹੇ (ਮੇਰੇ) ਮਨ! ਸੁਣ ਪਰਮਾਤਮਾ ਦਾ ਕੀਰਤਨ ਕਰਦਾ ਰਹੁ (ਕੀਰਤਨ ਦੀ ਬਰਕਤਿ ਨਾਲ ਵਿਕਾਰਾਂ ਤੋਂ ਜਨਮ ਮਰਨ ਦੇ ਗੇੜ ਤੋਂ) ਬਚਾਉ ਹੋ ਜਾਂਦਾ ਹੈ ॥੪॥੧॥੧੫੮॥
9262	214	ਰਾਗੁ ਗਉੜੀ ਮਾਲਾ ਮਹਲਾ ੫		Raag Gourree Maalaa Mehalaa 5	Raag Gauree Maalaa, Fifth Mehl:	ਰਾਗ ਗਉੜੀ-ਮਾਲਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
9263	214	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
9264	214	ਪਾਇਓ ਬਾਲ ਬੁਧਿ ਸੁਖੁ ਰੇ॥		Paaeiou Baal Budhh Sukh Rae ||	Adopting the innocent mind of a child, I have found peace.	ਹੇ ਭਾਈ! (ਜਿਸ ਨੇ ਭੀ ਸੁਖ-ਆਨੰਦ ਲੱਭਾ) ਬਾਲਕਾਂ ਵਾਲੀ ਅਕਲ ਨਾਲ (ਹੀ) ਸੁਖ-ਆਨੰਦ ਲੱਭਾ।
9265	214	ਹਰਖ ਸੋਗ ਹਾਨਿ ਮਿਰਤੁ ਦੂਖ ਸੁਖ ਚਿਤਿ ਸਮਸਰਿ ਗੁਰ ਮਿਲੇ॥੧॥ਰਹਾਉ॥	(ਸਮਸਰਿ) ਬਰਾਬਰ	Harakh Sog Haan Mirath Dhookh Sukh Chith Samasar Gur Milae ||1|| Rehaao ||	Joy and sorrow, profit and loss, birth and death, pain and pleasure - they are all the same to my consciousness, since I met the Guru. ||1||Pause||	ਗੁਰੂ ਨੂੰ ਮਿਲਿਆਂ (ਬਾਲ-ਬੁਧਿ ਪ੍ਰਾਪਤ ਹੋ ਜਾਂਦੀ ਹੈ, ਤੇ) ਖ਼ੁਸ਼ੀ, ਗ਼ਮੀ, ਘਾਟਾ, ਮੌਤ, ਦੁਖ-ਸੁਖ (ਇਹ ਸਾਰੇ) ਚਿੱਤ ਵਿਚ ਇਕੋ ਜਿਹੇ (ਪ੍ਰਤੀਤ ਹੋਣ ਲੱਗ ਪੈਂਦੇ ਹਨ) ॥੧॥ ਰਹਾਉ ॥

9266	214	ਜਉ ਲਉ ਹਉ ਕਿਛੁ ਸੋਚਉ ਚਿਤਵਉ ਤਉ ਲਉ ਦੁਖਨੁ ਭਰੇ॥		Jo Lo Ho Kishh Socho Chithavo Tho Lo Dhukhan Bharae ||	As long as I plotted and planned things, I was full of frustration.	(ਹੇ ਭਾਈ!) ਜਦ ਤਕ ਮੈਂ (ਆਪਣੀ ਚਤੁਰਾਈ ਦੀਆਂ) ਕੁਝ (ਸੋਚਾਂ) ਸੋਚਦਾ ਰਿਹਾ ਹਾਂ, ਚਿਤਵਦਾ ਰਿਹਾ ਹਾਂ, ਤਦ ਤਕ ਮੈਂ ਦੁੱਖਾਂ ਨਾਲ ਭਰਿਆ ਰਿਹਾ।
9267	214	ਜਉ ਕ੍ਰਿਪਾਲੁ ਗੁਰੁ ਪੂਰਾ ਭੇਟਿਆ ਤਉ ਆਨਦ ਸਹਜੇ॥੧॥		Jo Kirapaal Gur Pooraa Bhaettiaa Tho Aanadh Sehajae ||1||	When I met the Kind, Perfect Guru, then I obtained bliss so easily. ||1||	ਜਦੋਂ (ਹੁਣ ਮੈਨੂੰ) ਪੂਰਾ ਗੁਰੂ ਮਿਲ ਪਿਆ ਹੈ, ਤਦੋਂ ਮੈਂ ਆਤਮਕ ਅਡੋਲਤਾ ਵਿਚ ਆਨੰਦ ਮਾਣ ਰਿਹਾ ਹਾਂ ॥੧॥
9268	214	ਜੇਤੀ ਸਿਆਨਪ ਕਰਮ ਹਉ ਕੀਏ ਤੇਤੇ ਬੰਧ ਪਰੇ॥	ਤੇੱਤੇ	Jaethee Siaanap Karam Ho Keeeae Thaethae Bandhh Parae ||	The more clever tricks I tried, the more bonds I was saddled with.	(ਹੇ ਭਾਈ!) ਮੈਂ ਜਿਤਨੇ ਭੀ ਚਤੁਰਾਈ ਦੇ ਕੰਮ ਕਰਦਾ ਰਿਹਾ, ਉਤਨੇ ਹੀ ਮੈਨੂੰ (ਮਾਇਆ ਦੇ ਮੋਹ ਦੇ) ਬੰਧਨ ਪੈਂਦੇ ਗਏ।
9269	214	ਜਉ ਸਾਧੂ ਕਰੁ ਮਸਤਕਿ ਧਰਿਓ ਤਬ ਹਮ ਮੁਕਤ ਭਏ॥੨॥		Jo Saadhhoo Kar Masathak Dhhariou Thab Ham Mukath Bheae ||2||	When the Holy Saint placed His Hand upon my forehead, then I was liberated. ||2||	ਜਦੋਂ (ਹੁਣ) ਗੁਰੂ ਨੇ (ਮੇਰੇ) ਮੱਥੇ ਉੱਤੇ (ਆਪਣਾ) ਹੱਥ ਰੱਖਿਆ ਹੈ, ਤਦੋਂ ਮੈਂ (ਮਾਇਆ ਦੇ ਮੋਹ ਦੇ ਬੰਧਨਾਂ ਤੋਂ) ਸੁਤੰਤਰ ਹੋ ਗਿਆ ਹਾਂ ॥੨॥

9270	214	ਜਉ ਲਉ ਮੇਰੋ ਮੇਰੋ ਕਰਤੋ ਤਉ ਲਉ ਬਿਖੁ ਘੇਰੇ॥	(ਬਿਖੁ) ਜ਼ਹਰ	Jo Lo Maero Maero Karatho Tho Lo Bikh Ghaerae ||	As long as I claimed, ""Mine, mine!"", I was surrounded by wickedness and corruption.	(ਹੇ ਭਾਈ!) ਜਦ ਤਕ ਮੈਂ ਇਹ ਕਰਦਾ ਰਿਹਾ ਕਿ (ਇਹ ਘਰ) ਮੇਰਾ ਹੈ (ਇਹ ਧਨ) ਮੇਰਾ ਹੈ (ਇਹ ਪੁੱਤਰ ਆਦਿਕ ਸਨਬੰਧੀ) ਮੇਰਾ ਹੈ, ਤਦ ਤਕ ਮੈਨੂੰ (ਮਾਇਆ ਦੇ ਮੋਹ ਦੇ) ਜ਼ਹਰ ਨੇ ਘੇਰੀ ਰੱਖਿਆ (ਤੇ ਉਸ ਨੇ ਮੇਰੇ ਆਤਮਕ ਜੀਵਨ ਨੂੰ ਮਾਰ ਦਿੱਤਾ)।
9271	214	ਮਨੁ ਤਨੁ ਬੁਧਿ ਅਰਪੀ ਠਾਕੁਰ ਕਉ ਤਬ ਹਮ ਸਹਜਿ ਸੋਏ॥੩॥		Man Than Budhh Arapee Thaakur Ko Thab Ham Sehaj Soeae ||3||	But when I dedicated my mind, body and intellect to my Lord and Master, then I began to sleep in peace. ||3||	(ਹੁਣ ਗੁਰੂ ਦੀ ਕਿਰਪਾ ਨਾਲ) ਮੈਂ ਆਪਣੀ ਚਤੁਰਾਈ ਆਪਣਾ ਮਨ ਆਪਣਾ ਸਰੀਰ (ਹਰੇਕ ਗਿਆਨ-ਇੰਦ੍ਰਾ) ਪਰਮਾਤਮਾ ਦੇ ਹਵਾਲੇ ਕਰ ਦਿੱਤਾ ਹੈ, ਤਦੋਂ ਮੈਂ ਆਤਮਕ ਅਡੋਲਤਾ ਵਿਚ ਮਸਤ ਰਹਿੰਦਾ ਹਾਂ ॥੩॥
9272	214	ਜਉ ਲਉ ਪੋਟ ਉਠਾਈ ਚਲਿਅਉ ਤਉ ਲਉ ਡਾਨ ਭਰੇ॥	(ਪੋਟ) ਪੰਡ। (ਡਾਨ) ਜੁਰਮਾਨਾ	Jo Lo Pott Outhaaee Chaliao Tho Lo Ddaan Bharae ||	As long as I walked along, carrying the load, I continued to pay the fine.	ਜਦੋਂ ਤਕ ਮੈਂ (ਮਾਇਆ ਦੇ ਮੋਹ ਦੀ) ਪੋਟਲੀ (ਸਿਰ ਤੇ) ਚੁੱਕ ਕੇ ਤੁਰਦਾ ਰਿਹਾ, ਤਦ ਤਕ ਮੈਂ (ਦੁਨੀਆ ਦੇ ਡਰਾਂ-ਸਹਮਾਂ ਦਾ) ਡੰਨ ਭਰਦਾ ਰਿਹਾ।
9273	214	ਪੋਟ ਡਾਰਿ ਗੁਰੁ ਪੂਰਾ ਮਿਲਿਆ ਤਉ ਨਾਨਕ ਨਿਰਭਏ॥੪॥੧॥੧੫੯॥	(ਡਾਰਿ) ਸੁੱਟ ਕੇ	Pott Ddaar Gur Pooraa Miliaa Tho Naanak Nirabheae ||4||1||159||	But I threw away that bundle, when I met the Perfect Guru; O Nanak, then I became fearless. ||4||1||159||	ਹੇ ਨਾਨਕ! (ਆਖ-ਹੇ ਭਾਈ!) ਹੁਣ ਮੈਨੂੰ ਪੂਰਾ ਗੁਰੂ ਮਿਲ ਪਿਆ ਹੈ, (ਉਸ ਦੀ ਕਿਰਪਾ ਨਾਲ ਮਾਇਆ ਦੇ ਮੋਹ ਦੀ) ਪੋਟਲੀ ਸੁੱਟ ਕੇ ਮੈਂ ਨਿਡਰ ਹੋ ਗਿਆ ਹਾਂ ॥੪॥੧॥੧੫੯॥

9274	214	ਗਉੜੀ ਮਾਲਾ ਮਹਲਾ ੫॥		Gourree Maalaa Mehalaa 5 ||	Gauree Maalaa, Fifth Mehl:	
9275	214	ਭਾਵਨੁ ਤਿਆਗਿਓ ਰੀ ਤਿਆਗਿਓ॥	(ਭਾਵਨੁ) ਦਵੈਤ ਭਾਵਨਾ	Bhaavan Thiaagiou Ree Thiaagiou ||	I have renounced my desires; I have renounced them.	ਹੇ ਭੈਣ! ਗੁਰੂ ਨੂੰ ਮਿਲ ਕੇ (ਸੁੱਖਾਂ ਦੇ ਗ੍ਰਹਣ ਕਰਨ ਤੇ ਦੁੱਖਾਂ ਤੋਂ ਡਰਨ ਦਾ) ਸੰਕਲਪ ਛੱਡ ਦਿੱਤਾ ਹੈ,
9276	214	ਤਿਆਗਿਓ ਮੈ ਗੁਰ ਮਿਲਿ ਤਿਆਗਿਓ॥		Thiaagiou Mai Gur Mil Thiaagiou ||	I have renounced them; meeting the Guru, I have renounced them.	ਸਦਾ ਲਈ ਛੱਡ ਦਿੱਤਾ ਹੈ।
9277	214	ਸਰਬ ਸੂਖ ਆਨੰਦ ਮੰਗਲ ਰਸ ਮਾਨਿ ਗੋਬਿੰਦੈ ਆਗਿਓ॥੧॥ਰਹਾਉ ॥		Sarab Sukh Aanandh Mangal Ras Maan Gobindhai Aagiou ||1|| Rehaao ||	All peace, joy, happiness and pleasures have come since I surrendered to the Will of the Lord of the Universe. ||1||Pause||	(ਹੁਣ ਗੁਰੂ ਦੀ ਕਿਰਪਾ ਨਾਲ) ਪਰਮਾਤਮਾ ਦੀ ਰਜ਼ਾ (ਮਿੱਠੀ) ਮੰਨ ਕੇ ਮੈਨੂੰ ਸਾਰੇ ਸੁਖ-ਆਨੰਦ ਹੀ ਹਨ, ਖ਼ੁਸ਼ੀਆਂ ਮੰਗਲ ਹੀ ਹਨ ॥੧॥ ਰਹਾਉ ॥
9278	215	ਮਾਨੁ ਅਭਿਮਾਨੁ ਦੋਊ ਸਮਾਨੇ ਮਸਤਕੁ ਡਾਰਿ ਗੁਰ ਪਾਗਿਓ॥	(ਡਾਰਿ) ਰੱਖ ਕੇ। (ਪਾਗਿਓ) ਚਰਨਾਂ ਤੇ	Maan Abhimaan Dhooo Samaanae Masathak Ddaar Gur Paagiou ||	Honor and dishonor are the same to me; I have placed my forehead upon the Guru's Feet.	ਹੇ ਭੈਣ! ਕੋਈ ਮੇਰਾ ਆਦਰ ਕਰੇ, ਕੋਈ ਮੇਰੇ ਨਾਲ ਆਕੜ ਵਾਲਾ ਸਲੂਕ ਕਰੇ, ਮੈਨੂੰ ਦੋਵੇਂ ਇਕੋ ਜਿਹੇ ਜਾਪਦੇ ਹਨ, (ਕਿਉਂਕਿ) ਮੈਂ ਆਪਣਾ ਮੱਥਾ (ਸਿਰ) ਗੁਰੂ ਦੇ ਚਰਨਾਂ ਤੇ ਰੱਖ ਦਿੱਤਾ ਹੋਇਆ ਹੈ।

9279	215	ਸੰਪਤ ਹਰਖੁ ਨ ਆਪਤ ਦੂਖਾ ਰੰਗੁ ਠਾਕੁਰੈ ਲਾਗਿਓ॥੧॥	(ਸੰਪਤ) ਧਨ ਦੀ (ਹਰਖੁ) ਖੁਸ਼ੀ। (ਆਪਤ)ਬਿਪਤਾ	Sanpath Harakh N Aapath Dhookhaa Rang Thaakurai Laagiou ||1||	Wealth does not excite me, and misfortune does not disturb me; I have embraced love for my Lord and Master. ||1||	(ਗੁਰੂ ਦੀ ਕਿਰਪਾ ਨਾਲ ਮੇਰੇ ਮਨ ਵਿਚ) ਪਰਮਾਤਮਾ ਦਾ ਪਿਆਰ ਬਣ ਚੁੱਕਾ ਹੈ, ਹੁਣ ਮੈਨੂੰ ਆਏ ਧਨ ਦੀ ਖ਼ੁਸ਼ੀ ਨਹੀਂ ਹੁੰਦੀ, ਤੇ ਆਈ ਬਿਪਤਾ ਤੋਂ ਦੁੱਖ ਨਹੀਂ ਪ੍ਰਤੀਤ ਹੁੰਦਾ ॥੧॥
9280	215	ਬਾਸ ਬਾਸਰੀ ਏਕੈ ਸੁਆਮੀ ਉਦਿਆਨ ਦ੍ਰਿਸਟਾਗਿਓ॥	(ਉਦਿਆਨ) ਉਜਾੜ। (ਦ੍ਰਿਸਟਾਗਿਓ) ਨਜ਼ਰ ਆਏ	Baas Baasaree Eaekai Suaamee Oudhiaan Dhrisattaagiou ||	The One Lord and Master dwells in the home; He is seen in the wilderness as well.	ਹੇ ਭੈਣ! ਹੁਣ ਮੈਨੂੰ ਸਭ ਘਰਾਂ ਵਿਚ ਇਕ ਮਾਲਕ-ਪ੍ਰਭੂ ਹੀ ਦਿੱਸਦਾ ਹੈ, ਜੰਗਲਾਂ ਵਿਚ ਭੀ ਮੈਨੂੰ ਉਹੀ ਨਜ਼ਰੀਂ ਆ ਰਿਹਾ ਹੈ।
9281	215	ਨਿਰਭਉ ਭਏ ਸੰਤ ਭ੍ਰਮੁ ਡਾਰਿਓ ਪੂਰਨ ਸਰਬਾਗਿਓ॥੨॥	(ਡਾਰਿਓ) ਤਿਆਗ ਦਿੱਤਾ। (ਸਰਬਾਗਿਓ) ਸਭ ਕੁਝ ਜਾਨਣ ਵਾਲੇ ਪ੍ਰਭ ਜੀ	Nirabho Bheae Santh Bhram Ddaariou Pooran Sarabaagiou ||2||	I have become fearless; the Saint has removed my doubts. The All-knowing Lord is pervading everywhere. ||2||	ਗੁਰੂ-ਸੰਤ (ਦੀ ਕਿਰਪਾ ਨਾਲ) ਮੈਂ ਭਟਕਣਾ ਮੁਕਾ ਲਈ ਹੈ, ਹੁਣ ਸਭ ਦੇ ਦਿਲ ਦੀ ਜਾਣਨ ਵਾਲਾ ਪ੍ਰਭੂ ਹੀ ਮੈਨੂੰ ਸਰਬ-ਵਿਆਪਕ ਦਿੱਸਦਾ ਹੈ ਤੇ ਮੈਂ ਨਿਡਰ ਹੋ ਗਿਆ ਹਾਂ ॥੨॥
9282	215	ਜੋ ਕਿਛੁ ਕਰਤੈ ਕਾਰਣੁ ਕੀਨੋ ਮਨਿ ਬੁਰੋ ਨ ਲਾਗਿਓ॥		Jo Kishh Karathai Kaaran Keeno Man Buro N Laagiou ||	Whatever the Creator does, my mind is not troubled.	(ਹੇ ਭੈਣ! ਜਦੋਂ ਭੀ) ਜੇਹੜਾ ਹੀ ਸਬੱਬ ਕਰਤਾਰ ਨੇ ਬਣਾਇਆ (ਹੁਣ ਮੈਨੂੰ ਆਪਣੇ) ਮਨ ਵਿਚ (ਉਹ) ਭੈੜਾ ਨਹੀਂ ਲੱਗਦਾ।

9283	215	ਸਾਧਸੰਗਤਿ ਪਰਸਾਦਿ ਸੰਤਨ ਕੈ ਸੋਇਓ ਮਨੁ ਜਾਗਿਓ॥੩॥		Saadhhasangath Parasaadh Santhan Kai Soeiou Man Jaagiou ||3||	By the Grace of the Saints and the Company of the Holy, my sleeping mind has been awakened. ||3||	ਸਾਧ ਸੰਗਤਿ ਵਿਚ ਆ ਕੇ ਸੰਤ ਜਨਾਂ ਦੀ ਕਿਰਪਾ ਨਾਲ (ਮਾਇਆ ਦੇ ਮੋਹ ਵਿਚ) ਸੁੱਤਾ ਹੋਇਆ (ਮੇਰਾ) ਮਨ ਜਾਗ ਪਿਆ ਹੈ ॥੩॥
9284	215	ਜਨ ਨਾਨਕ ਓਟਿ ਤੁਹਾਰੀ ਪਰਿਓ ਆਇਓ ਸਰਣਾਗਿਓ॥	(ਓਟਿ) ਸਰਨ	Jan Naanak Ourr Thuhaaree Pariou Aaeiou Saranaagiou ||	Servant Nanak seeks Your Support; he has come to Your Sanctuary.	ਹੇ ਦਾਸ ਨਾਨਕ! (ਆਖ-ਹੇ ਪ੍ਰਭੂ! ਗੁਰੂ ਦੀ ਕਿਰਪਾ ਨਾਲ) ਮੈਂ ਤੇਰੀ ਓਟ ਵਿਚ ਆ ਪਿਆ ਹਾਂ, ਮੈਂ ਤੇਰੀ ਸਰਨ ਆ ਡਿੱਗਾ ਹਾਂ।
9285	215	ਨਾਮ ਰੰਗ ਸਹਜ ਰਸ ਮਾਣੇ ਫਿਰਿ ਦੂਖੁ ਨ ਲਾਗਿਓ॥੪॥੨॥੧੬੦॥		Naam Rang Sehaj Ras Maanae Fir Dhookh N Laagiou ||4||2||160||	In the Love of the Naam, the Name of the Lord, he enjoys intuitive peace; pain no longer touches him. ||4||2||160||	ਹੁਣ ਮੈਨੂੰ ਕੋਈ ਦੁੱਖ ਨਹੀਂ ਪੋਂਹਦਾ। ਮੈਂ ਤੇਰੇ ਨਾਮ ਦਾ ਆਨੰਦ ਮਾਣ ਰਿਹਾ ਹਾਂ ਮੈਂ ਆਤਮਕ ਅਡੋਲਤਾ ਦੇ ਸੁਖ ਮਾਣ ਰਿਹਾ ਹਾਂ ॥੪॥੨॥੧੬੦॥
9286	215	ਗਉੜੀ ਮਾਲਾ ਮਹਲਾ ੫॥		Gourree Maalaa Mehalaa 5 ||	Gauree Maalaa, Fifth Mehl:	
9287	215	ਪਾਇਆ ਲਾਲੁ ਰਤਨੁ ਮਨਿ ਪਾਇਆ॥		Paaeiaa Laal Rathan Man Paaeiaa ||	I have found the jewel of my Beloved within my mind.	(ਹੇ ਭਾਈ! ਮੈਂ ਆਪਣੇ) ਮਨ ਵਿਚ ਇਕ ਲਾਲ ਲੱਭ ਲਿਆ ਹੈ।

9288	215	ਤਨੁ ਸੀਤਲੁ ਮਨੁ ਸੀਤਲੁ ਥੀਆ ਸਤਗੁਰੁ ਸਬਦਿ ਸਮਾਇਆ॥੧॥ਰਹਾਉ॥	(ਥੀਆ) ਹੋਇਆ	Than Seethal Man Seethal Thheeaa Sathagur Sabadh Samaaeiaa ||1|| Rehaao ||	My body is cooled, my mind is cooled and soothed, and I am absorbed into the Shabad, the Word of the True Guru. ||1||Pause||	ਮੈਂ ਗੁਰੂ ਦੇ ਸ਼ਬਦ ਵਿਚ ਲੀਨ ਹੋ ਗਿਆ ਹਾਂ, ਮੇਰਾ ਸਰੀਰ (ਹਰੇਕ ਗਿਆਨ-ਇੰਦ੍ਰਾ) ਸ਼ਾਂਤ ਹੋ ਗਿਆ ਹੈ, ਮੇਰਾ ਮਨ ਠੰਢਾ ਹੋ ਗਿਆ ਹੈ ॥੧॥ ਰਹਾਉ ॥
9289	215	ਲਾਥੀ ਭੂਖ ਤ੍ਰਿਸਨ ਸਭ ਲਾਥੀ ਚਿੰਤਾ ਸਗਲ ਬਿਸਾਰੀ॥		Laathhee Bhookh Thrisan Sabh Laathhee Chinthaa Sagal Bisaaree ||	My hunger has departed, my thirst has totally departed, and all my anxiety is forgotten.	(ਹੇ ਭਾਈ! ਕਿਉਂਕਿ ਮੇਰੀ ਮਾਇਆ ਦੀ) ਭੁੱਖ ਲਹਿ ਗਈ ਹੈ, ਮੇਰੀ ਮਾਇਆ ਦੀ ਸਾਰੀ ਤ੍ਰੇਹ ਮੁੱਕ ਗਈ ਹੈ, ਮੈਂ ਸਾਰੇ ਚਿੰਤਾ-ਫ਼ਿਕਰ ਭੁਲਾ ਦਿੱਤੇ ਹਨ,
9290	215	ਕਰੁ ਮਸਤਕਿ ਗੁਰਿ ਪੂਰੈ ਧਰਿਓ ਮਨੁ ਜੀਤੋ ਜਗੁ ਸਾਰੀ॥੧॥		Kar Masathak Gur Poorai Dhhariou Man Jeetho Jag Saaree ||1||	The Perfect Guru has placed His Hand upon my forehead; conquering my mind, I have conquered the whole world. ||1||	ਪੂਰੇ ਗੁਰੂ ਨੇ (ਮੇਰੇ) ਮੱਥੇ ਉਤੇ (ਆਪਣਾ ਹੱਥ ਰੱਖਿਆ ਹੈ (ਉਸ ਦੀ ਬਰਕਤਿ ਨਾਲ ਮੈਂ ਆਪਣਾ) ਮਨ ਕਾਬੂ ਵਿਚ ਕਰ ਲਿਆ ਹੈ (ਮਾਨੋ) ਮੈਂ ਸਾਰਾ ਜਗਤ ਜਿੱਤ ਲਿਆ ਹੈ ॥੧॥
9291	215	ਤ੍ਰਿਪਤਿ ਅਘਾਇ ਰਹੇ ਰਿਦ ਅੰਤਰਿ ਡੋਲਨ ਤੇ ਅਬ ਚੂਕੇ॥	(ਅਘਾਇ) ਰੱਜ ਗਏ	Thripath Aghaae Rehae Ridh Anthar Ddolan Thae Ab Chookae ||	Satisfied and satiated, I remain steady within my heart, and now, I do not waver at all.	(ਹੇ ਭਾਈ! ਮਾਇਆ ਵਲੋਂ ਮੇਰੇ ਅੰਦਰ) ਤ੍ਰਿਪਤੀ ਹੋ ਗਈ ਹੈ, ਮੈਂ (ਮਾਇਆ ਵਲੋਂ ਆਪਣੇ) ਹਿਰਦੇ ਵਿਚ ਰੱਜ ਗਿਆ ਹਾਂ, ਹੁਣ (ਮਾਇਆ ਦੀ ਖ਼ਾਤਰ) ਡੋਲਣ ਤੋਂ ਮੈਂ ਹਟ ਗਿਆ ਹਾਂ।

9292	215	ਅਖੁਟੁ ਖਜਾਨਾ ਸਤਿਗੁਰਿ ਦੀਆ ਤੋਟਿ ਨਹੀ ਰੇ ਮੂਕੇ॥੨॥	(ਅ-ਖੁੱਟੁ) ਨਾ ਮੁੱਕਣ ਵਾਲਾ। ਮੂੱਕੇ	Akhutt Khajaanaa Sathigur Dheeaa Thott Nehee Rae Mookae ||2||	The True Guru has given me the inexhaustible treasure; it never decreases, and never runs out. ||2||	ਹੇ ਭਾਈ! ਸਤਿਗੁਰੂ ਨੇ ਮੈਨੂੰ (ਪ੍ਰਭੂ-ਨਾਮ ਦਾ ਇਕ ਅਜੇਹਾ) ਖ਼ਜ਼ਾਨਾ ਦਿੱਤਾ ਹੈ ਜੋ ਕਦੇ ਮੁੱਕਣ ਵਾਲਾ ਨਹੀਂ, ਉਸ ਵਿਚ ਕਮੀ ਨਹੀਂ ਆ ਸਕਦੀ, ਉਹ ਖ਼ਤਮ ਨਹੀਂ ਹੋ ਸਕਦਾ ॥੨॥
9293	215	ਅਚਰਜੁ ਏਕੁ ਸੁਨਹੁ ਰੇ ਭਾਈ ਗੁਰਿ ਐਸੀ ਬੂਝ ਬੁਝਾਈ॥	ਅ-ਚਰਜੁ। ਬੂੱਝ। ਬੂੱਝਾਈ	Acharaj Eaek Sunahu Rae Bhaaee Gur Aisee Boojh Bujhaaee ||	Listen to this wonder, O Siblings of Destiny: the Guru has given me this understanding.	ਹੇ ਭਾਈ! ਇਕ ਹੋਰ ਅਨੋਖੀ ਗੱਲ ਸੁਣ। ਗੁਰੂ ਨੇ ਮੈਨੂੰ ਅਜੇਹੀ ਸਮਝ ਬਖ਼ਸ਼ ਦਿੱਤੀ ਹੈ (ਜਿਸ ਦੀ ਬਰਕਤਿ ਨਾਲ)
9294	215	ਲਾਹਿ ਪਰਦਾ ਠਾਕੁਰੁ ਜਉ ਭੇਟਿਓ ਤਉ ਬਿਸਰੀ ਤਾਤਿ ਪਰਾਈ॥੩॥	(ਭੇਟਿਓ) ਮਿਲੇ। (ਤਾਤਿ) ਈਰਖਾ, ਜਲਨ	Laahi Paradhaa Thaakur Jo Bhaettiou Tho Bisaree Thaath Paraaee ||3||	I threw off the veil of illusion, when I met my Lord and Master; then, I forgot my jealousy of others. ||3||	ਜਦੋਂ ਤੋਂ (ਮੇਰੇ ਅੰਦਰੋਂ ਹਉਮੈ ਦਾ) ਪਰਦਾ ਲਾਹ ਕੇ ਮੈਨੂੰ ਠਾਕੁਰ-ਪ੍ਰਭੂ ਮਿਲਿਆ ਹੈ ਤਦੋਂ ਤੋਂ (ਮੇਰੇ ਦਿਲ ਵਿਚੋਂ) ਪਰਾਈ ਈਰਖਾ ਵਿਸਰ ਗਈ ਹੈ ॥੩॥
9295	215	ਕਹਿਓ ਨ ਜਾਈ ਏਹੁ ਅਚੰਭਉ ਸੋ ਜਾਨੈ ਜਿਨਿ ਚਾਖਿਆ॥	(ਅਚੰਭਉ) ਅਸਚਰਜ ਕੌਤਕ	Kehiou N Jaaee Eaehu Achanbho So Jaanai Jin Chaakhiaa ||	This is a wonder which cannot be described. They alone know it, who have tasted it.	ਹੇ ਭਾਈ! ਇਹ ਇਕ ਐਸਾ ਅਸਚਰਜ ਆਨੰਦ ਹੈ ਜੇਹੜਾ ਬਿਆਨ ਨਹੀਂ ਕੀਤਾ ਜਾ ਸਕਦਾ। ਇਸ ਰਸ ਨੂੰ ਉਹੀ ਜਾਣਦਾ ਹੈ ਜਿਸ ਨੇ ਇਹ ਚੱਖਿਆ ਹੈ।

9296	215	ਕਹੁ ਨਾਨਕ ਸਚ ਭਏ ਬਿਗਾਸਾ ਗੁਰਿ ਨਿਧਾਨੁ ਰਿਦੈ ਲੈ ਰਾਖਿਆ॥੪॥੩॥੧੬੧॥	(ਬਿਗਾਸਾ) ਪ੍ਰਕਾਸ਼, ਖੇੜਾ	Kahu Naanak Sach Bheae Bigaasaa Gur Nidhhaan Ridhai Lai Raakhiaa ||4||3||161||	Says Nanak, the Truth has been revealed to me. The Guru has given me the treasure; I have taken it and enshrined it within my heart. ||4||3||161||	ਨਾਨਕ ਆਖਦਾ ਹੈ- ਗੁਰੂ ਨੇ (ਮੇਰੇ ਅੰਦਰ ਪਰਮਾਤਮਾ ਦੇ ਨਾਮ ਦਾ ਖ਼ਜ਼ਾਨਾ ਲਿਆ ਕੇ ਰੱਖ ਦਿੱਤਾ ਹੈ, ਤੇ ਮੇਰੇ ਅੰਦਰ ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ (ਦੇ ਗਿਆਨ) ਦਾ ਚਾਨਣ ਹੋ ਗਿਆ ਹੈ ॥੪॥੩॥੧੬੧॥
9297	215	ਗਉੜੀ ਮਾਲਾ ਮਹਲਾ ੫॥		Gourree Maalaa Mehalaa 5 ||	Gauree Maalaa, Fifth Mehl:	
9298	215	ਉਬਰਤ ਰਾਜਾਰਾਮ ਕੀ ਸਰਣੀ॥	(ਉਬਰਤ)ਬਚਦਾਹੈ। (ਰਾਜਾਰਾਮ) ਵਾਹਿਗੁਰੂ	Oubarath Raajaa Raam Kee Saranee ||	Those who take to the Sanctuary of the Lord, the King, are saved.	(ਹੇ ਭਾਈ!) ਪ੍ਰਭੂ-ਪਾਤਿਸ਼ਾਹ ਦੀ ਸਰਨ ਪੈ ਕੇ ਹੀ ਮਨੁੱਖ (ਮਾਇਆ ਦੇ ਪ੍ਰਭਾਵ ਤੋਂ) ਬਚ ਸਕਦਾ ਹੈ।
9299	215	ਸਰਬ ਲੋਕ ਮਾਇਆ ਕੇ ਮੰਡਲ ਗਿਰਿ ਗਿਰਿ ਪਰਤੇ ਧਰਣੀ॥੧॥ਰਹਾਉ॥	(ਮੰਡਲ) ਚੱਕਰ। (ਧਰਣੀ) ਧਰਤੀ ਤੇ	Sarab Lok Maaeiaa Kae Manddal Gir Gir Parathae Dhharanee ||1|| Rehaao ||	All other people, in the mansion of Maya, fall flat on their faces on the ground. ||1||Pause||	ਮਾਤ ਲੋਕ, ਪਾਤਾਲ ਲੋਕ, ਆਕਾਸ਼ ਲੋਕ-ਇਹਨਾਂ ਸਭਨਾਂ ਲੋਕਾਂ ਦੇ ਜੀਵ ਮਾਇਆ ਦੇ ਚੱਕਰ ਵਿਚ ਹੀ ਫਸੇ ਪਏ ਹਨ, (ਮਾਇਆ ਦੇ ਪ੍ਰਭਾਵ ਦੇ ਕਾਰਨ ਜੀਵ ਉੱਚੇ ਆਤਮਕ ਟਿਕਾਣੇ ਤੋਂ) ਡਿੱਗ ਡਿੱਗ ਕੇ ਨੀਵੀਂ ਆਤਮਕ ਦਸ਼ਾ ਵਿਚ ਆ ਪੈਂਦੇ ਹਨ ॥੧॥ ਰਹਾਉ ॥

9300	215	ਸਾਸਤ ਸਿੰਮ੍ਰਿਤਿ ਬੇਦ ਬੀਚਾਰੇ ਮਹਾਪੁਰਖਨ ਇਉ ਕਹਿਆ॥	ਸਿੰਮ-ਰ੍ਿਤਿ	Saasath Sinmrith Baedh Beechaarae Mehaa Purakhan Eio Kehiaa ||	The great men have studied the Shaastras, the Simritees and the Vedas, and they have said this:	(ਪੰਡਿਤ ਲੋਕ ਤਾਂ) ਸ਼ਾਸਤ੍ਰ ਸਿਮ੍ਰਿਤੀਆਂ ਵੇਦ (ਆਦਿਕ ਸਾਰੇ ਧਰਮ-ਪੁਸਤਕ) ਵਿਚਾਰਦੇ ਆ ਰਹੇ ਹਨ। ਪਰ ਮਹਾ-ਪੁਰਖਾਂ ਨੇ ਇਉਂ ਹੀ ਆਖਿਆ ਹੈ,
9301	215	ਬਿਨੁ ਹਰਿ ਭਜਨ ਨਾਹੀ ਨਿਸਤਾਰਾ ਸੂਖੁ ਨ ਕਿਨਹੂੰ ਲਹਿਆ॥੧॥	(ਨਿਸਤਾਰਾ) ਤਰਨਾ	Bin Har Bhajan Naahee Nisathaaraa Sookh N Kinehoon Lehiaa ||1||	"Without the Lord's meditation, there is no emancipation, and no one has ever found peace."||1||	ਕਿ ਪਰਮਾਤਮਾ ਦੇ ਭਜਨ ਤੋਂ ਬਿਨਾ (ਮਾਇਆ ਦੇ ਸਮੁੰਦਰ ਤੋਂ) ਪਾਰ ਨਹੀਂ ਲੰਘ ਸਕੀਦਾ, (ਸਿਮਰਨ ਤੋਂ ਬਿਨਾ) ਕਿਸੇ ਮਨੁੱਖ ਨੇ ਭੀ ਸੁਖ ਨਹੀਂ ਪਾਇਆ ॥੧॥
9302	215	ਤੀਨਿ ਭਵਨ ਕੀ ਲਖਮੀ ਜੋਰੀ ਬੂਝਤ ਨਾਹੀ ਲਹਰੇ॥	(ਲੱਖਮੀ) ਧਨ ਦੌਲਤ। (ਲਹਰੇ) ਲਹਰਾਂ। ਬੂਝਤ: ਪੋਲਾ ਬੋਲੋ	Theen Bhavan Kee Lakhamee Joree Boojhath Naahee Leharae ||	People may accumulate the wealth of the three worlds, but the waves of greed are still not subdued.	(ਹੇ ਭਾਈ!) ਜੇ ਮਨੁੱਖ ਸਾਰੀ ਸ੍ਰਿਸ਼ਟੀ ਦੀ ਹੀ ਮਾਇਆ ਇਕੱਠੀ ਕਰ ਲਏ, ਤਾਂ ਭੀ ਲੋਭ ਦੀਆਂ ਲਹਰਾਂ ਮਿਟਦੀਆਂ ਨਹੀਂ ਹਨ।
9303	215	ਬਿਨੁ ਹਰਿ ਭਗਤਿ ਕਹਾ ਥਿਤਿ ਪਾਵੈ ਫਿਰਤੋ ਪਹਰੇ ਪਹਰੇ॥੨॥	(ਥਿਤਿ) ਟਿਕਾਅ। (ਪਹਰੇ ਪਹਰੇ) ਹਰ ਵੇਲੇ	Bin Har Bhagath Kehaa Thhith Paavai Firatho Peharae Peharae ||2||	Without devotional worship of the Lord, where can anyone find stability? People wander around endlessly. ||2||	(ਇਤਨੀ ਮਾਇਆ ਜੋੜ ਜੋੜ ਕੇ ਭੀ) ਪਰਮਾਤਮਾ ਦੀ ਭਗਤੀ ਤੋਂ ਬਿਨਾ ਮਨੁੱਖ ਕਿਤੇ ਭੀ ਮਨ ਦਾ ਟਿਕਾਉ ਨਹੀਂ ਲੱਭ ਸਕਦਾ, ਹਰ ਵੇਲੇ ਹੀ (ਮਾਇਆ ਦੀ ਖ਼ਾਤਰ) ਭਟਕਦਾ ਫਿਰਦਾ ਹੈ ॥੨॥

9304	215	ਅਨਿਕ ਬਿਲਾਸ ਕਰਤ ਮਨ ਮੋਹਨ ਪੂਰਨ ਹੋਤ ਨ ਕਾਮਾ॥	(ਬਿਲਾਸ) ਅਨੰਦ ਭੋਗ। ਮਨ (ਮੋਹਨ) ਭਾਉਂਦੇ। (ਕਾਮਾ) ਕਾਮਨਾਵਾਂ	Anik Bilaas Karath Man Mohan Pooran Hoth N Kaamaa ||	People engage in all sorts of mind-enticing pastimes, but their passions are not fulfilled.	(ਹੇ ਭਾਈ!) ਮਨੁੱਖ ਮਨ ਨੂੰ ਮੋਹਣ ਵਾਲੀਆਂ ਅਨੇਕਾਂ ਮੌਜਾਂ ਭੀ ਕਰਦਾ ਰਹੇ, (ਮਨ ਦੀ ਵਿਕਾਰਾਂ ਵਾਲੀ) ਵਾਸ਼ਨਾ ਪੂਰੀ ਨਹੀਂ ਹੁੰਦੀ।
9305	215	ਜਲਤੋ ਜਲਤੋ ਕਬਹੂ ਨ ਬੂਝਤ ਸਗਲ ਬ੍ਰਿਥੇ ਬਿਨੁ ਨਾਮਾ॥੩॥		Jalatho Jalatho Kabehoo N Boojhath Sagal Brithhae Bin Naamaa ||3||	They burn and burn, and are never satisfied; without the Lord's Name, it is all useless. ||3||	ਮਨੁੱਖ ਤ੍ਰਿਸ਼ਨਾ ਦੀ ਅੱਗ ਵਿਚ ਸੜਦਾ ਫਿਰਦਾ ਹੈ, ਤ੍ਰਿਸ਼ਨਾ ਦੀ ਅੱਗ ਕਦੇ ਬੁੱਝਦੀ ਨਹੀਂ। ਪਰਮਾਤਮਾ ਦੇ ਨਾਮ ਤੋਂ ਬਿਨਾ ਮਨੁੱਖ ਦੇ ਹੋਰ ਸਾਰੇ ਉੱਦਮ ਵਿਅਰਥ ਚਲੇ ਜਾਂਦੇ ਹਨ ॥੩॥
9306	215	ਹਰਿ ਕਾ ਨਾਮੁ ਜਪਹੁ ਮੇਰੇ ਮੀਤਾ ਇਹੈ ਸਾਰ ਸੁਖੁ ਪੂਰਾ॥		Har Kaa Naam Japahu Maerae Meethaa Eihai Saar Sukh Pooraa ||	Chant the Name of the Lord, my friend; this is the essence of perfect peace.	ਹੇ ਮੇਰੇ ਮਿੱਤਰ! ਪਰਮਾਤਮਾ ਦਾ ਨਾਮ ਜਪਿਆ ਕਰ, ਇਹੀ ਸ੍ਰੇਸ਼ਟ ਸੁਖ ਹੈ, ਤੇ ਇਸ ਸੁਖ ਵਿਚ ਕੋਈ ਘਾਟ-ਕਮੀ ਨਹੀਂ ਰਹਿ ਜਾਂਦੀ।
9307	215	ਸਾਧਸੰਗਤਿ ਜਨਮ ਮਰਣੁ ਨਿਵਾਰੈ ਨਾਨਕੁ ਜਨ ਕੀ ਧੂਰਾ॥੪॥੪॥੧੬੨॥	(ਨਿਵਾਰੈ) ਖਤਮ ਹੋਣਾ	Saadhhasangath Janam Maran Nivaarai Naanak Jan Kee Dhooraa ||4||4||162||	In the Saadh Sangat, the Company of the Holy, birth and death are ended. Nanak is the dust of the feet of the humble. ||4||4||162||	ਜੇਹੜਾ ਮਨੁੱਖ ਸਾਧ ਸੰਗਤਿ ਵਿਚ ਆ ਕੇ ਆਪਣਾ ਜਨਮ ਮਰਨ (ਦਾ ਗੇੜ) ਮੁਕਾ ਲੈਂਦਾ ਹੈ, ਨਾਨਕ ਉਸ ਮਨੁੱਖ ਦੇ ਚਰਨਾਂ ਦੀ ਧੂੜ (ਮੰਗਦਾ) ਹੈ ॥੪॥੪॥੧੬੨॥
9308	215	ਗਉੜੀ ਮਾਲਾ ਮਹਲਾ ੫॥		Gourree Maalaa Mehalaa 5 ||	Gauree Maalaa, Fifth Mehl:	

9309	215	ਮੋਕਉ ਇਹ ਬਿਧਿ ਕੋ ਸਮਝਾਵੈ॥		Mo Ko Eih Bidhh Ko Samajhaavai ||	Who can help me understand my condition?	(ਹੇ ਭਾਈ!) ਹੋਰ ਕੌਣ ਮੈਨੂੰ ਇਸ ਤਰ੍ਹਾਂ ਸਮਝ ਸਕਦਾ ਹੈ?
9310	215	ਕਰਤਾ ਹੋਇ ਜਨਾਵੈ॥੧॥ਰਹਾਉ॥		Karathaa Hoe Janaavai ||1|| Rehaao ||	Only the Creator knows it. ||1||Pause||	(ਉਹੀ ਗੁਰਮੁਖ) ਸਮਝਾ ਸਕਦਾ ਹੈ (ਜੋ) ਕਰਤਾਰ ਦਾ ਰੂਪ ਹੋ ਜਾਏ ॥੧॥ ਰਹਾਉ ॥
9311	215	ਅਨਜਾਨਤ ਕਿਛੁ ਇਨਹਿ ਕਮਾਨੋ ਜਪ ਤਪ ਕਛੂ ਨ ਸਾਧਾ॥	(ਸੱਧਾ) ਕੀਤਾ	Anajaanath Kishh Einehi Kamaano Jap Thap Kashhoo N Saadhhaa ||	This person does things in ignorance; he does not chant in meditation, and does not perform any deep, self-disciplined meditation.	(ਹੇ ਭਾਈ! ਗੁਰੂ ਤੋਂ ਬਿਨਾ ਹੋਰ ਕੋਈ ਨਹੀਂ ਸਮਝਾ ਸਕਦਾ ਕਿ) ਅਗਿਆਨਤਾ ਵਿਚ ਫਸ ਕੇ ਇਸ ਜੀਵ ਨੇ ਸਿਮਰਨ ਨਹੀਂ ਕੀਤਾ ਤੇ ਵਿਕਾਰਾਂ ਵਲੋਂ ਰੋਕ ਦਾ ਉੱਦਮ ਨਹੀਂ ਕੀਤਾ, ਕੁਝ ਹੋਰ ਹੋਰ ਹੀ (ਕੋਝੇ ਕੰਮ) ਕੀਤੇ ਹਨ।
9312	215	ਦਹ ਦਿਸਿ ਲੈ ਇਹੁ ਮਨੁ ਦਉਰਾਇਓ ਕਵਨ ਕਰਮ ਕਰਿ ਬਾਧਾ॥੧॥		Dheh Dhis Lai Eihu Man Dhouraaeiou Kavan Karam Kar Baadhhaa ||1||	This mind wanders around in the ten directions - how can it be restrained? ||1||	ਇਹ ਜੀਵ ਆਪਣੇ ਇਸ ਮਨ ਨੂੰ ਦਸੀਂ ਪਾਸੀਂ ਭਜਾ ਰਿਹਾ ਹੈ। ਇਹ ਕੇਹੜੇ ਕਰਮਾਂ ਦੇ ਕਾਰਨ (ਮਾਇਆ ਦੇ ਮੋਹ ਵਿਚ) ਬੱਝਾ ਪਿਆ ਹੈ? ॥੧॥

9313	215	ਮਨ ਤਨ ਧਨ ਭੂਮਿ ਕਾ ਠਾਕੁਰੁ ਹਉ ਇਸ ਕਾ ਇਹੁ ਮੇਰਾ॥		Man Than Dhhan Bhoom Kaa Thaakur Ho Eis Kaa Eihu Maeraa ||	"I am the lord, the master of my mind, body, wealth and lands. These are mine."	(ਮੋਹ ਵਿਚ ਫਸ ਕੇ ਜੀਵ ਹਰ ਵੇਲੇ ਇਹੀ ਆਖਦਾ ਹੈ-) ਮੈਂ ਆਪਣੀ ਜਿੰਦ ਦਾ ਸਰੀਰ ਦਾ ਧਨ ਦਾ ਧਰਤੀ ਦਾ ਮਾਲਕ ਹਾਂ, ਮੈਂ ਇਸ (ਧਨ ਆਦਿ) ਦਾ ਮਾਲਕ ਹਾਂ, ਇਹ ਧਨ ਆਦਿਕ ਮੇਰਾ ਹੈ।
9314	216	ਭਰਮ ਮੋਹ ਕਛੁ ਸੂਝਸਿ ਨਾਹੀ ਇਹ ਪੈਖਰ ਪਏ ਪੈਰਾ॥੨॥	(ਪੈਖਰ) ਢੰਗਾ, ਪੈਰਾਂ ਨੂੰ ਪਾਇਆ ਰੱਸਾ	Bharam Moh Kashh Soojhas Naahee Eih Paikhar Peae Pairaa ||2||	In doubt and emotional attachment, this person understands nothing; with this leash, these feet are tied up. ||2||	(ਹੇ ਭਾਈ! ਮਾਇਆ ਦੀ ਖ਼ਾਤਰ) ਭਟਕਣਾ ਦੇ ਕਾਰਨ (ਮਾਇਆ ਦੇ) ਮੋਹ ਦੇ ਕਾਰਨ (ਜੀਵ ਨੂੰ) ਕੋਈ ਸੁਚੱਜੀ ਗੱਲ ਨਹੀਂ ਸੁੱਝਦੀ, ਇਸ ਦੇ ਪੈਰਾਂ ਵਿਚ ਮਾਇਆ ਦੇ ਮੋਹ ਦੇ ਢੰਗੇ ਪਏ ਹੋਏ ਹਨ (ਜਿਵੇਂ ਖੋਤੇ ਆਦਿਕ ਨੂੰ ਚੰਗਾ ਢੰਗਾ ਆਦਿਕ ਪਾਇਆ ਹੁੰਦਾ ਹੈ) ॥੨॥
9315	216	ਤਬ ਇਹੁ ਕਹਾ ਕਮਾਵਨ ਪਰਿਆ ਜਬ ਇਹੁ ਕਛੂ ਨ ਹੋਤਾ॥		Thab Eihu Kehaa Kamaavan Pariaa Jab Eihu Kashhoo N Hothaa ||	What did this person do, when he did not exist?	ਜਦੋਂ (ਜਗਤ-ਰਚਨਾ ਤੋਂ ਪਹਿਲਾਂ) ਇਸ ਜੀਵ ਦੀ ਕੋਈ ਹਸਤੀ ਨਹੀਂ ਸੀ, ਤਦੋਂ ਇਹ ਜੀਵ ਕੀਹ ਕਮਾਣ ਜੋਗਾ ਸੀ (ਤੇ, ਹੁਣ ਇਹ ਮਾਣ ਕਰਦਾ ਹੈ ਕਿ ਮੈਂ ਧਨ ਦਾ ਮਾਲਕ ਹਾਂ ਮੈਂ ਧਰਤੀ ਦਾ ਮਾਲਕ ਹਾਂ)

9316	216	ਜਬ ਏਕ ਨਿਰੰਜਨ ਨਿਰੰਕਾਰ ਪ੍ਰਭ ਸਭੁ ਕਿਛੁ ਆਪਹਿ ਕਰਤਾ॥੩॥		Jab Eaek Niranjan Nirankaar Prabh Sabh Kishh Aapehi Karathaa ||3||	When the Immaculate and Formless Lord God was all alone, He did everything by Himself. ||3||	(ਹੇ ਭਾਈ! ਗੁਰੂ ਤੋਂ ਬਿਨਾ ਹੋਰ ਕੌਣ ਦੱਸੇ? ਕਿ) ਜਦੋਂ ਕੇਵਲ ਇਕ ਨਿਰੰਜਨ ਆਕਾਰ-ਰਹਿਤ ਪ੍ਰਭੂ ਆਪ ਹੀ ਆਪ ਸੀ, ਤਦੋਂ ਪ੍ਰਭੂ ਆਪ ਹੀ ਸਭ ਕੁਝ ਕਰਨ ਵਾਲਾ ਸੀ ॥੩॥
9317	216	ਅਪਨੇ ਕਰਤਬ ਆਪੇ ਜਾਨੈ ਜਿਨਿ ਇਹੁ ਰਚਨੁ ਰਚਾਇਆ॥	(ਕਰ-ਤਬ) ਕੌਤਕ	Apanae Karathab Aapae Jaanai Jin Eihu Rachan Rachaaeiaa ||	He alone knows His actions; He created this creation.	ਉਹੀ ਆਪ ਆਪਣੇ ਕੀਤੇ ਕੰਮਾਂ ਨੂੰ ਜਾਣਦਾ ਹੈ ਤੇ ਉਹੀ ਆਪ ਸਭ ਕੁਝ ਕਰਨ ਦੀ ਸਮਰੱਥਾ ਰੱਖਦਾ ਹੈ (ਅਗਿਆਨੀ ਜੀਵ ਵਿਅਰਥ ਹੀ ਮਲਕੀਅਤਾਂ ਦਾ ਮਾਣ ਕਰਦਾ ਹੈ ਤੇ ਭਟਕਦਾ ਫਿਰਦਾ ਹੈ)।
9318	216	ਕਹੁ ਨਾਨਕ ਕਰਣਹਾਰੁ ਹੈ ਆਪੇ ਸਤਿਗੁਰਿ ਭਰਮੁ ਚੁਕਾਇਆ॥੪॥੫॥ ੧੬੩॥		Kahu Naanak Karanehaar Hai Aapae Sathigur Bharam Chukaaeiaa ||4||5||163||	Says Nanak, the Lord Himself is the Doer. The True Guru has dispelled my doubts. ||4||5||163||	ਨਾਨਕ ਆਖਦਾ ਹੈ- ਗੁਰੂ ਨੇ ਹੀ (ਇਹ ਤਨ ਧਨ ਧਰਤੀ ਆਦਿਕ ਦੀਆਂ ਮਲਕੀਅਤਾਂ ਦਾ) ਭੁਲੇਖਾ ਦੂਰ ਕੀਤਾ ਹੈ ਤੇ ਸਮਝਾਇਆ ਹੈ ਕਿ ਜਿਸ ਪਰਮਾਤਮਾ ਨੇ ਇਹ ਜਗਤ-ਰਚਨਾ ਰਚੀ ਹੈ ॥੪॥੫॥੧੬੩॥
9319	216	ਗਉੜੀ ਮਾਲਾ ਮਹਲਾ ੫॥		Gourree Maalaa Mehalaa 5 ||	Gauree Maalaa, Fifth Mehl:	

9320	216	ਹਰਿ ਬਿਨੁ ਅਵਰ ਕ੍ਰਿਆ ਬਿਰਥੇ॥	(ਕਿਰਆ) ਕੰਮ	Har Bin Avar Kiraaa Birathhae ||	Without the Lord, other actions are useless.	(ਹੇ ਭਾਈ!) ਪਰਮਾਤਮਾ ਦੇ ਸਿਮਰਨ ਤੋਂ ਬਿਨਾ ਹੋਰ ਸਾਰੇ (ਮਿਥੇ ਹੋਏ ਧਾਰਮਿਕ) ਕੰਮ ਵਿਅਰਥ ਹਨ।
9321	216	ਜਪ ਤਪ ਸੰਜਮ ਕਰਮ ਕਮਾਣੇ ਇਹਿ ਓਰੈ ਮੂਸੇ॥੧॥ਰਹਾਉ॥	(ਓਰੈ) ਉਰੇ ਹੀ। (ਮੂਸੇ) ਲੁੱਟੇ ਗਏ	Jap Thap Sanjam Karam Kamaanae Eihi Ourai Moosae ||1|| Rehaao ||	Meditative chants, intense deep meditation, austere self-discipline and rituals - these are plundered in this world. ||1||Pause||	(ਦੇਵਤਿਆਂ ਨੂੰ ਪ੍ਰਸੰਨ ਕਰਨ ਵਾਲੇ) ਜਪ ਕਰਨੇ, ਤਪ ਸਾਧਣੇ, ਇੰਦ੍ਰੀਆਂ ਨੂੰ ਵਿਕਾਰਾਂ ਵਲੋਂ ਰੋਕਣ ਲਈ ਹਠ-ਜੋਗ ਦੇ ਸਾਧਨ ਕਰਨੇ-ਇਹ ਸਾਰੇ (ਪ੍ਰਭੂ ਦੀ ਦਰਗਾਹ ਤੋਂ) ਉਰੇ ਉਰੇ ਹੀ ਖੋਹ ਲਏ ਜਾਂਦੇ ਹਨ ॥੧॥ ਰਹਾਉ ॥
9322	216	ਬਰਤ ਨੇਮ ਸੰਜਮ ਮਹਿ ਰਹਤਾ ਤਿਨ ਕਾ ਆਢੁ ਨ ਪਾਇਆ॥	(ਆਢੁ) ਕੌਡੀ	Barath Naem Sanjam Mehi Rehathaa Thin Kaa Aadt N Paaeiaa ||	Fasting, daily rituals, and austere self-discipline - those who keep the practice of these, are rewarded with less than a shell.	ਮਨੁੱਖ ਵਰਤਾਂ ਸੰਜਮਾਂ ਦੇ ਨੇਮ ਵਿਚ ਰੁੱਝਾ ਰਹਿੰਦਾ ਹੈ, ਪਰ ਉਹਨਾਂ ਉੱਦਮਾਂ ਦਾ ਮੁੱਲ ਉਸ ਨੂੰ ਇਕ ਕੌਡੀ ਭੀ ਨਹੀਂ ਮਿਲਦਾ।
9323	216	ਆਗੈ ਚਲਣੁ ਅਉਰੁ ਹੈ ਭਾਈ ਊਂਹਾ ਕਾਮਿ ਨ ਆਇਆ॥੧॥		Aagai Chalan Aour Hai Bhaaee Oonehaa Kaam N Aaeiaa ||1||	Hereafter, the way is different, O Siblings of Destiny. There, these things are of no use at all. ||1||	ਹੇ ਭਾਈ! ਜੀਵ ਦੇ ਨਾਲ ਪਰਲੋਕ ਵਿਚ ਸਾਥ ਨਿਬਾਹੁਣ ਵਾਲਾ ਪਦਾਰਥ ਹੋਰ ਹੈ (ਬਰਤ ਨੇਮ ਸੰਜਮ ਆਦਿਕ ਵਿਚੋਂ ਕੋਈ ਭੀ) ਪਰਲੋਕ ਵਿਚ ਕੰਮ ਨਹੀਂ ਆਉਂਦਾ ॥੧॥

9324	216	ਤੀਰਥਿ ਨਾਇ ਅਰੁ ਧਰਨੀ ਭ੍ਰਮਤਾ ਆਗੈ ਠਉਰ ਨ ਪਾਵੈ॥	(ਠਉਰ) ਥਾਂ	Theerathh Naae Ar Dhharanee Bhramathaa Aagai Thour N Paavai ||	Those who bathe at sacred shrines of pilgrimage, and wander over the earth, find no place of rest hereafter.	ਜੇਹੜਾ ਮਨੁੱਖ ਤੀਰਥ ਉਤੇ ਇਸ਼ਨਾਨ ਕਰਦਾ ਹੈ ਤੇ (ਤਿਆਗੀ ਬਣ ਕੇ) ਧਰਤੀ ਉਤੇ ਰਟਨ ਕਰਦਾ ਫਿਰਦਾ ਹੈ (ਉਹ ਭੀ) ਪ੍ਰਭੂ ਦੀ ਦਰਗਾਹ ਵਿਚ ਥਾਂ ਨਹੀਂ ਲੱਭ ਸਕਦਾ।
9325	216	ਊਹਾ ਕਾਮਿ ਨ ਆਵੈ ਇਹ ਬਿਧਿ ਓਹੁ ਲੋਗ ਨਹੀ ਪਤੀਆਵੈ॥੨॥	(ਲੋਗ) ਜਮਦੂਤ ਲੋਕ। (ਪਤੀ-ਆਵੈ) ਖੁਸ਼ ਹੁੰਦੇ	Oohaa Kaam N Aavai Eih Bidhh Ouhu Logan Hee Patheeaavai ||2||	There, these are of no use at all. By these things, they only please other people. ||2||	ਅਜੇਹਾ ਕੋਈ ਤਰੀਕਾ ਪ੍ਰਭੂ ਦੀ ਹਜ਼ੂਰੀ ਵਿਚ ਕੰਮ ਨਹੀਂ ਆਉਂਦਾ, ਉਹ (ਤਿਆਗੀ ਇਹਨਾਂ ਤਰੀਕਿਆਂ ਨਾਲ) ਸਿਰਫ਼ ਲੋਕਾਂ ਨੂੰ ਹੀ (ਆਪਣੇ ਧਰਮੀ ਹੋਣ ਦਾ) ਨਿਸ਼ਚਾ ਦਿਵਾਂਦਾ ਹੈ ॥੨॥
9326	216	ਚਤੁਰ ਬੇਦ ਮੁਖ ਬਚਨੀ ਉਚਰੈ ਆਗੈ ਮਹਲੁ ਨ ਪਾਈਐ॥		Chathur Baedh Mukh Bachanee Oucharai Aagai Mehal N Paaeeai ||	Reciting the four Vedas from memory, they do not obtain the Mansion of the Lord's Presence hereafter.	(ਹੇ ਭਾਈ! ਜੇ ਪੰਡਿਤ) ਚਾਰੇ ਵੇਦ ਜ਼ਬਾਨੀ ਉਚਾਰ ਸਕਦਾ ਹੈ (ਤਾਂ ਇਸ ਤਰ੍ਹਾਂ ਭੀ) ਪ੍ਰਭੂ ਦੀ ਹਜ਼ੂਰੀ ਵਿਚ ਟਿਕਾਣਾ ਨਹੀਂ ਮਿਲਦਾ।
9327	216	ਬੂਝੈ ਨਾਹੀ ਏਕੁ ਸੁਧਾਖਰੁ ਓਹੁ ਸਗਲੀ ਝਾਖ ਝਖਾਈਐ॥੩॥	(ਸੁਧਾਖਰੁ) ਪਵਿੱਤ੍ਰ ਨਾਮ। (ਝਾਖ) ਬੇਅਰਥ ਹੀ (ਝਖਾਈਐ) ਖਪਦੇ	Boojhai Naahee Eaek Sudhhaakhar Ouhu Sagalee Jhaakh Jhakhaaeeai ||3||	Those who do not understand the One Pure Word, utter total nonsense. ||3||	ਜੇਹੜਾ ਮਨੁੱਖ ਪਰਮਾਤਮਾ ਦਾ ਪਵਿਤ੍ਰ ਨਾਮ (ਸਿਮਰਨਾ) ਨਹੀਂ ਸਮਝਦਾ ਉਹ (ਹੋਰ ਹੋਰ ਉੱਦਮਾਂ ਨਾਲ) ਨਿਰੀ ਖ਼ੁਆਰੀ ਹੀ ਖ਼ੁਆਰੀ ਸਹੇੜਦਾ ਹੈ ॥੩॥

9328	216	ਨਾਨਕੁ ਕਹਤੋ ਇਹੁ ਬੀਚਾਰਾ ਜਿ ਕਮਾਵੈ ਸੁ ਪਾਰਗਰਾਮੀ॥	ਸੰਸਾਰ ਸਮੁੰਦ੍ਰ ਤੋਂ (ਪਾਰ-ਗਰਾਮੀ) ਪਾਰ ਹੋਇਆ, ਮੁਕਤ	Naanak Kehatho Eihu Beechaaraa J Kamaavai S Paar Garaamee ||	Nanak voices this opinion: those who practice it, swim across.	(ਹੇ ਭਾਈ!) ਨਾਨਕ ਇਹ ਇਕ ਵਿਚਾਰ ਦੀ ਗੱਲ ਆਖਦਾ ਹੈ, ਜੇਹੜਾ ਮਨੁੱਖ ਇਸ ਨੂੰ ਵਰਤੋਂ ਵਿਚ ਲਿਆਉਂਦਾ ਹੈ ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਜੋਗਾ ਹੋ ਜਾਂਦਾ ਹੈ,
9329	216	ਗੁਰੁ ਸੇਵਹੁ ਅਰੁ ਨਾਮੁ ਧਿਆਵਹੁ ਤਿਆਗਹੁ ਮਨਹੁ ਗੁਮਾਨੀ॥੪॥੬॥੧੬੪॥	(ਗੁਮਾਨੀ) ਹੰਕਾਰ	Gur Saevahu Ar Naam Dhhiaavahu Thiaagahu Manahu Gumaanee ||4||6||164||	Serve the Guru, and meditate on the Naam; renounce the egotistical pride from your mind. ||4||6||164||	(ਉਹ ਵਿਚਾਰ ਇਹ ਹੈ-ਹੇ ਭਾਈ!) ਗੁਰੂ ਦੀ ਸਰਨ ਪਵੋ, ਆਪਣੇ ਮਨ ਵਿਚੋਂ ਹੰਕਾਰ ਦੂਰ ਕਰੋ, ਤੇ, ਪਰਮਾਤਮਾ ਦਾ ਨਾਮ ਸਿਮਰੋ ॥੪॥੬॥੧੬੪॥
9330	216	ਗਉੜੀ ਮਾਲਾ ੫॥		Gourree Maalaa 5 ||	Gauree Maalaa, Fifth Mehl:	
9331	216	ਮਾਧਉ ਹਰਿ ਹਰਿ ਹਰਿ ਮੁਖਿ ਕਹੀਐ॥		Maadhho Har Har Har Mukh Keheeai ||	O Lord, I chant Your Name, Har, Har, Har.	ਹੇ ਮਾਇਆ ਦੇ ਪਤੀ ਪ੍ਰਭੂ! ਹੇ ਹਰੀ! (ਮਿਹਰ ਕਰ, ਤਾ ਕਿ ਅਸੀ) ਤੇਰਾ ਨਾਮ ਮੂੰਹੋਂ ਉਚਾਰ ਸਕੀਏ।
9332	216	ਹਮ ਤੇ ਕਛੂ ਨ ਹੋਵੈ ਸੁਆਮੀ ਜਿਉ ਰਾਖਹੁ ਤਿਉ ਰਹੀਐ॥੧॥ਰਹਾਉ॥		Ham Thae Kashhoo N Hovai Suaamee Jio Raakhahu Thio Reheeai ||1|| Rehaao ||	I cannot do anything by myself, O Lord and Master. As You keep me, so I remain. ||1||Pause||	ਹੇ ਸੁਆਮੀ ਪ੍ਰਭੂ! ਸਾਥੋਂ ਜੀਵਾਂ ਪਾਸੋਂ ਕੁਝ ਨਹੀਂ ਹੋ ਸਕਦਾ। ਜਿਸ ਤਰ੍ਹਾਂ ਤੂੰ ਸਾਨੂੰ ਰੱਖਦਾ ਹੈਂ, ਉਸੇ ਤਰ੍ਹਾਂ ਹੀ ਅਸੀਂ ਰਹਿੰਦੇ ਹਾਂ ॥੧॥ ਰਹਾਉ ॥

9333	216	ਕਿਆ ਕਿਛੁ ਕਰੈ ਕਿ ਕਰਣੈਹਾਰਾ ਕਿਆ ਇਸੁ ਹਾਥਿ ਬਿਚਾਰੇ॥		Kiaa Kishh Karai K Karanaihaaraa Kiaa Eis Haathh Bichaarae ||	What can the mere mortal do? What is in the hands of this poor creature?	ਹੇ ਮੇਰੇ ਸਰਬ-ਵਿਆਪਕ ਖਸਮ-ਪ੍ਰਭੂ! ਇਹ ਜੀਵ ਕੀਹ ਕਰੇ? ਇਹ ਕੀਹ ਕਰਨ-ਜੋਗਾ ਹੈ? ਇਸ ਵਿਚਾਰੇ ਦੇ ਹੱਥ ਵਿਚ ਕੀਹ ਹੈ? (ਇਹ ਜੀਵ ਆਪਣੇ ਆਪ ਕੁਝ ਨਹੀਂ ਕਰਦਾ, ਕੁਝ ਨਹੀਂ ਕਰ ਸਕਦਾ, ਇਸ ਦੇ ਹੱਥ ਵਿਚ ਕੋਈ ਤਾਕਤ ਨਹੀਂ)।
9334	216	ਜਿਤੁ ਤੁਮ ਲਾਵਹੁ ਤਿਤ ਹੀ ਲਾਗਾ ਪੂਰਨ ਖਸਮ ਹਮਾਰੇ॥੧॥		Jith Thum Laavahu Thith Hee Laagaa Pooran Khasam Hamaarae ||1||	As You attach us, so we are attached, O my Perfect Lord and Master. ||1||	ਜਿਸ ਪਾਸੇ ਤੂੰ ਇਸ ਨੂੰ ਲਾਂਦਾ ਹੈਂ, ਉਸੇ ਪਾਸੇ ਹੀ ਇਹ ਲੱਗਾ ਫਿਰਦਾ ਹੈ ॥੧॥
9335	216	ਕਰਹੁ ਕ੍ਰਿਪਾ ਸਰਬ ਕੇ ਦਾਤੇ ਏਕ ਰੂਪ ਲਿਵ ਲਾਵਹੁ॥		Karahu Kirapaa Sarab Kae Dhaathae Eaek Roop Liv Laavahu ||	Take pity on me, O Great Giver of all, that I may enshrine love for Your Form alone.	ਹੇ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲੇ ਪ੍ਰਭੂ! ਮਿਹਰ ਕਰ, ਮੈਨੂੰ ਸਿਰਫ਼ ਆਪਣੇ ਹੀ ਸਰੂਪ ਦੀ ਲਗਨ ਬਖ਼ਸ਼।
9336	216	ਨਾਨਕ ਕੀ ਬੇਨੰਤੀ ਹਰਿ ਪਹਿ ਅਪੁਨਾ ਨਾਮੁ ਜਪਾਵਹੁ॥੨॥੭॥੧੬੫॥		Naanak Kee Baenanthee Har Pehi Apunaa Naam Japaavahu ||2||7||165||	Nanak offers this prayer to the Lord, that he may chant the Naam, the Name of the Lord. ||2||7||165||	ਮੈਂ ਨਾਨਕ ਦੀ ਪਰਮਾਤਮਾ ਪਾਸ (ਇਹੀ) ਬੇਨਤੀ ਹੈ (-ਹੇ ਪ੍ਰਭੂ!) ਮੈਥੋਂ ਆਪਣਾ ਨਾਮ ਜਪਾ ॥੨॥੭॥੧੬੫॥

9337	216	ਰਾਗੁ ਗਉੜੀ ਮਾਝ੧ ਮਹਲਾ ੫	ਮਾਝ੧: ੬ ਥੱਲੇ ਬ੍ਰੀਕ ਏਕੇ ਦਾ ਭਾਵ ਗਉੜੀ ਮਾਝ ਦੀ ਪਹਿਲੀ ਜਾਤੀ ਹੈ	Raag Gourree Maajh Mehalaa 5	Raag Gauree Maajh, Fifth Mehl:	ਰਾਗ ਗਉੜੀ-ਮਾਝ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
9338	216	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
9339	216	ਦੀਨ ਦਇਆਲ ਦਮੋਦਰ ਰਾਇਆ ਜੀਉ॥		Dheen Dhaeiaal Dhamodhar Raaeiaa Jeeo ||	O Merciful to the meek, O Dear Lord King,	ਹੇ ਗਰੀਬਾਂ ਉਤੇ ਤਰਸ ਕਰਨ ਵਾਲੇ ਪ੍ਰਭੂ ਪਾਤਿਸ਼ਾਹ ਜੀ!
9340	216	ਕੋਟਿ ਜਨਾ ਕਰਿ ਸੇਵ ਲਗਾਇਆ ਜੀਉ॥		Kott Janaa Kar Saev Lagaaeiaa Jeeo ||	You have engaged millions of people in Your Service.	ਤੂੰ ਕ੍ਰੋੜਾਂ ਬੰਦਿਆਂ ਨੂੰ ਆਪਣੇ ਸੇਵਕ ਬਣਾ ਕੇ ਆਪਣੀ ਸੇਵਾ-ਭਗਤੀ ਵਿਚ ਲਾਇਆ ਹੋਇਆ ਹੈ।
9341	216	ਭਗਤ ਵਛਲੁ ਤੇਰਾ ਬਿਰਦੁ ਰਖਾਇਆ ਜੀਉ॥	(ਵਛਲੁ) ਪਿਆਰਾ। (ਬਿਰਦੁ) ਧਰਮ	Bhagath Vashhal Thaeraa Biradh Rakhaaeiaa Jeeo ||	You are the Lover of Your devotees; this is Your Nature.	ਭਗਤਾਂ ਦਾ ਪਿਆਰਾ ਹੋਣਾ-ਇਹ ਤੇਰਾ ਮੁੱਢ-ਕਦੀਮਾਂ ਦਾ ਸੁਭਾ ਬਣਿਆ ਆ ਰਿਹਾ ਹੈ।
9342	216	ਪੂਰਨ ਸਭਨੀ ਜਾਈ ਜੀਉ॥੧॥	(ਜਾਈ) ਜਗ੍ਹਾ	Pooran Sabhanee Jaaee Jeeo ||1||	You are totally pervading all places. ||1||	ਹੇ ਪ੍ਰਭੂ! ਤੂੰ ਸਭ ਥਾਵਾਂ ਵਿਚ ਮੌਜੂਦ ਹੈਂ ॥੧॥
9343	216	ਕਿਉ ਪੇਖਾ ਪ੍ਰੀਤਮੁ ਕਵਣ ਸੁਕਰਣੀ ਜੀਉ॥	(ਸੁ-ਕਰਣੀ) ਸ੍ਰੇਸਟ ਕਰਨੀ	Kio Paekhaa Preetham Kavan Sukaranee Jeeo ||	How can I behold my Beloved? What is that way of life?	(ਹੇ ਭਾਈ!) ਮੈਂ ਕਿਵੇਂ ਉਸ ਪ੍ਰਭੂ-ਪ੍ਰੀਤਮ ਦਾ ਦਰਸਨ ਕਰਾਂ? ਉਹ ਕੇਹੜੀ ਸ੍ਰੇਸ਼ਟ ਕਰਨੀ ਹੈ (ਜਿਸ ਨਾਲ ਮੈਂ ਉਸ ਨੂੰ ਵੇਖਾਂ)?

9344	216	ਸੰਤਾ ਦਾਸੀ ਸੇਵਾ ਚਰਣੀ ਜੀਉ॥		Santhaa Dhaasee Saevaa Charanee Jeeo ||	Become the slave of the Saints, and serve at their feet.	(ਜਿਥੋਂ ਭੀ ਪੁੱਛਾਂ ਇਹੀ ਉੱਤਰ ਮਿਲਦਾ ਹੈ ਕਿ) ਮੈਂ ਸੰਤ ਜਨਾਂ ਦੀ ਦਾਸੀ ਬਣਾਂ ਤੇ ਉਹਨਾਂ ਦੇ ਚਰਨਾਂ ਦੀ ਸੇਵਾ ਕਰਾਂ।
9345	216	ਇਹੁ ਜੀਉ ਵਤਾਈ ਬਲਿ ਬਲਿ ਜਾਈ ਜੀਉ॥	(ਵਤਾਈ) ਕੁਰਬਾਨ ਕਰਾਂ	Eihu Jeeo Vathaaee Bal Bal Jaaee Jeeo ||	I dedicate this soul; I am a sacrifice, a sacrifice to them.	ਮੈਂ ਆਪਣੀ ਇਹ ਜਿੰਦ ਉਸ ਪ੍ਰਭੂ-ਪਾਤਿਸ਼ਾਹ ਤੋਂ ਸਦਕੇ ਕਰਾਂ, ਤੇ, ਉਸ ਤੋਂ ਕੁਰਬਾਨ ਹੋ ਹੋ ਜਾਵਾਂ।
9346	216	ਤਿਸੁ ਨਿਵਿ ਨਿਵਿ ਲਾਗਉ ਪਾਈ ਜੀਉ॥੨॥		This Niv Niv Laago Paaee Jeeo ||2||	Bowing low, I fall at the Feet of the Lord. ||2||	ਲਿਫ਼ ਲਿਫ਼ ਕੇ ਮੈਂ ਸਦਾ ਉਸ ਦੀ ਪੈਰੀਂ ਲੱਗਦੀ ਰਹਾਂ ॥੨॥
9347	216	ਪੋਥੀ ਪੰਡਿਤ ਬੇਦ ਖੋਜੰਤਾ ਜੀਉ॥		Pothhee Panddith Baedh Khojanthaa Jeeo ||	The Pandits, the religious scholars, study the books of the Vedas.	(ਹੇ ਭਾਈ!) ਕੋਈ ਪੰਡਿਤ (ਬਣ ਕੇ) ਵੇਦ ਆਦਿਕ ਧਰਮ-ਪੁਸਤਕਾਂ ਖੋਜਦਾ ਰਹਿੰਦਾ ਹੈ,
9348	216	ਹੋਇ ਬੈਰਾਗੀ ਤੀਰਥਿ ਨਾਵੰਤਾ ਜੀਉ॥	ਨ੍ਹਾਵੰਤਾ	Hoe Bairaagee Theerathh Naavanthaa Jeeo ||	Some become renunciates, and bathe at sacred shrines of pilgrimage.	ਕੋਈ (ਦੁਨੀਆ ਤੋਂ) ਵੈਰਾਗਵਾਨ ਹੋ ਕੇ (ਹਰੇਕ) ਤੀਰਥ ਉਤੇ ਇਸ਼ਨਾਨ ਕਰਦਾ ਫਿਰਦਾ ਹੈ,
9349	216	ਗੀਤ ਨਾਦ ਕੀਰਤਨੁ ਗਾਵੰਤਾ ਜੀਉ॥		Geeth Naadh Keerathan Gaavanthaa Jeeo ||	Some sing tunes and melodies and songs.	ਕੋਈ ਗੀਤ ਗਾਂਦਾ ਹੈ ਨਾਦ ਵਜਾਂਦਾ ਹੈ ਕੀਰਤਨ ਕਰਦਾ ਹੈ,

9350	216	ਹਰਿ ਨਿਰਭਉ ਨਾਮੁ ਧਿਆਈ ਜੀਉ॥੩॥		Har Nirabho Naam Dhhiaaee Jeeo ||3||	But I meditate on the Naam, the Name of the Fearless Lord. ||3||	ਪਰ ਮੈਂ ਪਰਮਾਤਮਾ ਦਾ ਉਹ ਨਾਮ ਜਪਦਾ ਰਹਿੰਦਾ ਹਾਂ ਜੋ (ਮੇਰੇ ਅੰਦਰ) ਨਿਰਭੈਤਾ ਪੈਦਾ ਕਰਦਾ ਹੈ ॥੩॥
9351	216	ਭਏ ਕ੍ਰਿਪਾਲ ਸੁਆਮੀ ਮੇਰੇ ਜੀਉ॥		Bheae Kirapaal Suaamee Maerae Jeeo ||	My Lord and Master has become merciful to me.	(ਹੇ ਭਾਈ!) ਜਿਨ੍ਹਾਂ ਮਨੁੱਖਾਂ ਉਤੇ ਮੇਰੇ ਸੁਆਮੀ ਪ੍ਰਭੂ ਜੀ ਦਇਆਵਾਨ ਹੁੰਦੇ ਹਨ,
9352	216	ਪਤਿਤ ਪਵਿਤ ਲਗਿ ਗੁਰ ਕੇ ਪੈਰੇ ਜੀਉ॥	ਪ-ਤਿਤ	Pathith Pavith Lag Gur Kae Pairae Jeeo ||	I was a sinner, and I have been sanctified, taking to the Guru's Feet.	ਉਹ ਮਨੁੱਖ ਗੁਰੂ ਦੀ ਚਰਨੀਂ ਲੱਗ ਕੇ (ਪਹਿਲਾਂ ਵਿਕਾਰਾਂ ਵਿਚ) ਡਿੱਗੇ ਹੋਏ (ਹੁੰਦੇ ਭੀ) ਸੁੱਚੇ ਆਚਰਨ ਵਾਲੇ ਬਣ ਜਾਂਦੇ ਹਨ।
9353	217	ਭ੍ਰਮੁ ਭਉ ਕਾਟਿ ਕੀਏ ਨਿਰਵੈਰੇ ਜੀਉ॥		Bhram Bho Kaatt Keeeae Niravairae Jeeo ||	Dispelling my doubts and fears, the Guru has rid me of hatred.	ਗੁਰੂ (ਉਹਨਾਂ ਦੇ ਅੰਦਰੋਂ ਮਾਇਆ ਦੀ) ਭਟਕਣਾ ਦੂਰ ਕਰ ਕੇ (ਹਰੇਕ ਕਿਸਮ ਦਾ ਮਲੀਨ) ਡਰ ਦੂਰ ਕਰ ਕੇ ਉਹਨਾਂ ਮਨੁੱਖਾਂ ਨੂੰ ਨਿਰਵੈਰ ਬਣਾ ਦੇਂਦਾ ਹੈ।
9354	217	ਗੁਰ ਮਨ ਕੀ ਆਸ ਪੂਰਾਈ ਜੀਉ॥੪॥	(ਪੂਰਾਈ) ਪੂਰਨ ਕੀਤੀ	Gur Man Kee Aas Pooraaee Jeeo ||4||	The Guru has fulfilled the desires of my mind. ||4||	ਹੇ ਗੁਰੂ! ਤੂੰ ਹੀ ਮੇਰੇ ਮਨ ਦੀ ਭੀ (ਸਿਮਰਨ ਦੀ) ਆਸ ਪੂਰੀ ਕੀਤੀ ਹੈ ॥੪॥
9355	217	ਜਿਨਿ ਨਾਉ ਪਾਇਆ ਸੋ ਧਨਵੰਤਾ ਜੀਉ॥		Jin Naao Paaeiaa So Dhhanavanthaa Jeeo ||	One who has obtained the Name is wealthy.	ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ-ਧਨ ਲੱਭ ਲਿਆ ਉਹ ਧਨਾਢ ਬਣ ਗਿਆ,

9356	217	ਜਿਨਿ ਪ੍ਰਭੁ ਧਿਆਇਆ ਸੁ ਸੋਭਾਵੰਤਾ ਜੀਉ॥		Jin Prabh Dhhiaaeiaa S Sobhaavanthaa Jeeo ||	One who meditates on God is glorified.	ਜਿਸ ਮਨੁੱਖ ਨੇ ਪਰਮਾਤਮਾ ਦਾ ਸਿਮਰਨ ਕੀਤਾ ਉਹ (ਲੋਕ ਪਰਲੋਕ ਵਿਚ) ਸੋਭਾ ਵਾਲਾ ਹੋ ਗਿਆ।
9357	217	ਜਿਸੁ ਸਾਧੂਸੰਗਤਿ ਤਿਸੁ ਸਭ ਸੁਕਰਣੀ ਜੀਉ॥	(ਸੁ-ਕਰਣੀ) ਸ੍ਰੇਸ਼ਟ ਕਰਨੀ	Jis Saadhhoo Sangath This Sabh Sukaranee Jeeo ||	Sublime are all the actions of those who join the Saadh Sangat, the Company of the Holy.	ਜਿਸ ਮਨੁੱਖ ਨੂੰ ਗੁਰੂ ਦੀ ਸੰਗਤਿ ਮਿਲ ਗਈ, ਉਸ ਦੀ ਸਾਰੀ ਸ੍ਰੇਸ਼ਟ ਕਰਨੀ ਬਣ ਗਈ,
9358	217	ਜਨ ਨਾਨਕ ਸਹਜਿ ਸਮਾਈ ਜੀਉ॥੫॥੧॥੧੬੬॥		Jan Naanak Sehaj Samaaee Jeeo ||5||1||166||	Servant Nanak is intuitively absorbed into the Lord. ||5||1||166||	ਹੇ ਦਾਸ ਨਾਨਕ! (ਆਖ-) ਉਸ ਮਨੁੱਖ ਨੂੰ ਆਤਮਕ ਅਡੋਲਤਾ ਵਿਚ ਲੀਨਤਾ ਪ੍ਰਾਪਤ ਹੋ ਗਈ ॥੫॥੧॥੧੬੬॥
9359	217	ਗਉੜੀ ਮਹਲਾ ੫ ਮਾਝ॥		Gourree Mehalaa 5 Maajh ||	Gauree, Fifth Mehl, Maajh:	
9360	217	ਆਉ ਹਮਾਰੈ ਰਾਮ ਪਿਆਰੇ ਜੀਉ॥		Aao Hamaarai Raam Piaarae Jeeo ||	Come to me, O my Beloved Lord.	ਹੇ ਮੇਰੇ ਪਿਆਰੇ ਰਾਮ ਜੀ! ਮੇਰੇ-ਹਿਰਦੇ ਵਿਚ ਆ ਵੱਸ।
9361	217	ਰੈਣਿ ਦਿਨਸੁ ਸਾਸਿ ਸਾਸਿ ਚਿਤਾਰੇ ਜੀਉ॥	(ਚਿਤਾਰੇ) ਸਿਮਰੀਏ	Rain Dhinas Saas Saas Chithaarae Jeeo ||	Night and day, with each and every breath, I think of You.	ਮੈਂ ਰਾਤ ਦਿਨ ਹਰੇਕ ਸਾਹ ਦੇ ਨਾਲ ਤੈਨੂੰ ਯਾਦ ਕਰਦਾ ਹਾਂ।

9362	217	ਸੰਤ ਦੇਉ ਸੰਦੇਸਾ ਪੈ ਚਰਣਾਰੇ ਜੀਉ॥		Santh Dhaeo Sandhaesaa Pai Charanaarae Jeeo ||	O Saints, give Him this message; I fall at Your Feet.	(ਤੇਰੇ) ਸੰਤ ਜਨਾਂ ਦੀ ਚਰਨੀਂ ਪੈ ਕੇ ਮੈਂ (ਤੇਰੇ ਵਲ) ਸੁਨੇਹਾ ਭੇਜਦਾ ਹਾਂ,
9363	217	ਤੁਧੁ ਬਿਨੁ ਕਿਤੁ ਬਿਧਿ ਤਰੀਐ ਜੀਉ॥੧॥		Thudhh Bin Kith Bidhh Thareeai Jeeo ||1||	Without You, how can I be saved? ||1||	(ਕਿ ਹੇ ਮੇਰੇ ਪਿਆਰੇ ਰਾਮ ਜੀ!) ਮੈਂ ਤੈਥੋਂ ਬਿਨਾ ਕਿਸੇ ਤਰ੍ਹਾਂ ਭੀ (ਇਸ ਸੰਸਾਰ-ਸਮੁੰਦਰ ਤੋਂ) ਪਾਰ ਨਹੀਂ ਲੰਘ ਸਕਦਾ ॥੧॥
9364	217	ਸੰਗਿ ਤੁਮਾਰੈ ਮੈ ਕਰੇ ਅਨੰਦਾ ਜੀਉ॥		Sang Thumaarai Mai Karae Anandhaa Jeeo ||	In Your Company, I am in ecstasy.	(ਹੇ ਮੇਰੇ ਪਿਆਰੇ ਰਾਮ ਜੀ!) ਤੇਰੀ ਸੰਗਤਿ ਵਿਚ ਰਹਿ ਕੇ ਮੈਂ ਆਨੰਦ ਮਾਣਦਾ ਹਾਂ।
9365	217	ਵਨਿ ਤ੍ਰਿਨਿ ਤ੍ਰਿਭਵਣਿ ਸੁਖ ਪਰਮਾਨੰਦਾ ਜੀਉ॥	ਤ੍ਰਿ ਨਿ, ਤ੍ਰਿ ਭਵਣਿ	Van Thin Thribhavan Sukh Paramaanandhaa Jeeo ||	In the forest, the fields and the three worlds, there is peace and supreme bliss.	ਸਾਰੀ ਬਨਸਪਤੀ ਵਿਚ ਤੇ ਤਿੰਨਾਂ ਭਵਨਾਂ ਵਾਲੇ ਸੰਸਾਰ ਵਿਚ (ਤੈਨੂੰ ਵੇਖ ਕੇ) ਮੈਂ ਪਰਮ ਸੁਖ ਪਰਮ ਆਨੰਦ (ਅਨੁਭਵ ਕਰਦਾ ਹਾਂ)।
9366	217	ਸੇਜ ਸੁਹਾਵੀ ਇਹੁ ਮਨੁ ਬਿਗਸੰਦਾ ਜੀਉ॥	ਹਿਰਦੇ ਰੂਪੀ ਸੇਜ (ਸੁਹਾਵੀ) ਸੋਹਣੀ। (ਬਿਗਸੰਦਾ) ਖਿੜਿਆ	Saej Suhaavee Eihu Man Bigasandhaa Jeeo ||	My bed is beautiful, and my mind blossoms forth in ecstasy.	ਮੇਰੇ ਹਿਰਦੇ ਦੀ ਸੇਜ ਸੋਹਣੀ ਬਣ ਗਈ ਹੈ, ਮੇਰਾ ਇਹ ਮਨ ਖਿੜ ਪਿਆ ਹੈ!
9367	217	ਪੇਖਿ ਦਰਸਨੁ ਇਹੁ ਸੁਖੁ ਲਹੀਐ ਜੀਉ॥੨॥		Paekh Dharasan Eihu Sukh Leheeai Jeeo ||2||	Beholding the Blessed Vision of Your Darshan, I have found this peace. ||2||	(ਹੇ ਮੇਰੇ ਪਿਆਰੇ ਰਾਮ ਜੀ!) ਤੇਰਾ ਦਰਸ਼ਨ ਕਰਕੇ ਇਹ (ਆਤਮਕ) ਸੁਖ ਮਿਲਦਾ ਹੈ ॥੨॥

9368	217	ਚਰਣ ਪਖਾਰਿ ਕਰੀ ਨਿਤ ਸੇਵਾ ਜੀਉ॥	(ਪਖਾਰਿ) ਧੋ ਕੇ	Charan Pakhaar Karee Nith Saevaa Jeeo ||	I wash Your Feet, and constantly serve You.	(ਹੇ ਮੇਰੇ ਰਾਮ ਜੀ! ਮਿਹਰ ਕਰ, ਮੈਂ ਤੇਰੇ ਸੰਤ ਜਨਾਂ ਦੇ) ਚਰਨ ਧੋ ਕੇ ਉਹਨਾਂ ਦੀ ਸਦਾ ਸੇਵਾ ਕਰਦਾ ਰਹਾਂ,
9369	217	ਪੂਜਾ ਅਰਚਾ ਬੰਦਨ ਦੇਵਾ ਜੀਉ॥	(ਅਰਚਾ) ਫੁੱਲ ਚੰਦਨ ਭੇਟਾ ਕਰਨਾ। (ਬੰਦਨ) ਨਮਸਕਾਰ	Poojaa Arachaa Bandhan Dhaevaa Jeeo ||	O Divine Lord, I worship and adore You; I bow down before You.	ਇਹੀ ਮੇਰੇ ਵਾਸਤੇ ਦੇਵ-ਪੂਜਾ ਹੈ, ਇਹੀ ਮੇਰੇ ਲਈ ਦੇਵਤਿਆਂ ਅੱਗੇ ਫੁੱਲਾਂ ਦੀ ਭੇਟ ਹੈ ਤੇ ਇਹੀ ਦੇਵਤਿਆਂ ਅੱਗੇ ਨਮਸਕਾਰ ਹੈ,
9370	217	ਦਾਸਨਿ ਦਾਸੁ ਨਾਮੁ ਜਪਿ ਲੇਵਾ ਜੀਉ॥		Dhaasan Dhaas Naam Jap Laevaa Jeeo ||	I am the slave of Your slaves; I chant Your Name.	(ਕਿ) ਮੈਂ ਤੇਰੇ ਦਾਸਾਂ ਦਾ ਦਾਸ ਹੋ ਕੇ ਸਦਾ ਤੇਰਾ ਨਾਮ ਜਪਦਾ ਰਹਾਂ-
9371	217	ਬਿਨਉ ਠਾਕੁਰ ਪਹਿ ਕਹੀਐ ਜੀਉ॥੩॥		Bino Thaakur Pehi Keheeai Jeeo ||3||	I offer this prayer to my Lord and Master. ||3||	(ਹੇ ਮੇਰੇ ਪਿਆਰੇ ਰਾਮ ਜੀ! ਤੇਰੇ ਸੰਤ ਜਨਾਂ ਪਾਸ ਮੈਂ ਬੇਨਤੀ ਕਰਦਾ ਹਾਂ ਕਿ) ਮਾਲਕ-ਪ੍ਰਭੂ ਪਾਸ ਮੇਰੀ ਇਹੇ ਬੇਨਤੀ ਆਖਣੀ ॥੩॥
9372	217	ਇਛ ਪੁੰਨੀ ਮੇਰੀ ਮਨੁ ਤਨੁ ਹਰਿਆ ਜੀਉ॥	(ਹਰਿਆ) ਹਰਾ ਭਰਾ	Eishh Punnee Maeree Man Than Hariaa Jeeo ||	My desires are fulfilled, and my mind and body are rejuvenated.	(ਹੇ ਭਾਈ! ਪਿਆਰੇ ਰਾਮ ਦੀ ਕਿਰਪਾ ਨਾਲ) ਮੇਰੀ (ਉਸ ਦੇ ਮਿਲਾਪ ਦੀ) ਇੱਛਾ ਪੂਰੀ ਹੋ ਗਈ ਹੈ, ਮੇਰਾ ਮਨ ਆਤਮਕ ਜੀਵਨ ਵਾਲਾ ਹੋ ਗਿਆ ਹੈ, ਮੇਰਾ ਸਰੀਰ (ਭਾਵ, ਹਰੇਕ ਗਿਆਨ-ਇੰਦ੍ਰਾ) ਹਰਾ ਹੋ ਪਿਆ ਹੈ,

9373	217	ਦਰਸਨ ਪੇਖਤ ਸਭ ਦੁਖ ਪਰਹਰਿਆ ਜੀਉ॥	(ਪਰਹਰਿਆ) ਦੂਰ ਹੋਏ	Dharasan Paekhath Sabh Dhukh Parehariaa Jeeo ||	Beholding the Blessed Vision of the Lord's Darshan, all my pains have been taken away.	(ਪਿਆਰੇ ਰਾਮ ਦਾ) ਦਰਸ਼ਨ ਕਰਦਿਆਂ ਮੇਰਾ ਸਾਰਾ ਦੁੱਖ ਦੂਰ ਹੋ ਗਿਆ ਹੈ,
9374	217	ਹਰਿ ਹਰਿ ਨਾਮੁ ਜਪੇ ਜਪਿ ਤਰਿਆ ਜੀਉ॥		Har Har Naam Japae Jap Thariaa Jeeo ||	Chanting and meditating on the Name of the Lord, Har, Har, I have been saved.	ਪਿਆਰੇ ਰਾਮ ਜੀ ਦਾ ਨਾਮ ਜਪ ਜਪ ਕੇ ਮੈਂ (ਸੰਸਾਰ-ਸਮੁੰਦਰ ਨੂੰ) ਪਾਰ ਕਰ ਲਿਆ ਹੈ।
9375	217	ਇਹੁ ਅਜਰੁ ਨਾਨਕ ਸੁਖੁ ਸਹੀਐ ਜੀਉ॥੪॥੨॥੧੬੭॥	ਅ-ਜਰੁ:ਪੋਲਾ ਬੋਲੋ। (ਅਜਰੁ) ਨਾ ਜਰ ਹੋਣ ਵਾਲਾ, ਇੱਕ ਰਸ	Eihu Ajar Naanak Sukh Seheeai Jeeo ||4||2||167||	Nanak endures this unendurable celestial bliss. ||4||2||167||	ਹੇ ਨਾਨਕ! (ਉਸ ਪਿਆਰੇ ਰਾਮ ਜੀ ਦਾ ਦਰਸ਼ਨ ਕੀਤਿਆਂ) ਇਹ ਇਕ ਐਸਾ ਸੁਖ ਮਾਣ ਲਈਦਾ ਹੈ ਜੋ ਕਦੇ ਘੱਟ ਹੋਣ ਵਾਲਾ ਨਹੀਂ ਹੈ ॥੪॥੨॥੧੬੭॥
9376	217	ਗਉੜੀ ਮਾਝ ਮਹਲਾ ੫॥		Gourree Maajh Mehalaa 5 ||	Gauree Maajh, Fifth Mehl:	
9377	217	ਸੁਣਿ ਸੁਣਿ ਸਾਜਨ ਮਨ ਮਿਤ ਪਿਆਰੇ ਜੀਉ॥	(ਮਿਤ) ਮਿੱਤ੍ਰ	Sun Sun Saajan Man Mith Piaarae Jeeo ||	Listen, listen, O my friend and companion, O Beloved of my mind:	ਹੇ ਮੇਰੇ ਪਿਆਰੇ ਸੱਜਣ ਪ੍ਰਭੂ! ਹੇ ਮੇਰੇ ਮਨ ਦੇ ਮਿੱਤਰ ਪ੍ਰਭੂ! ਹੇ ਮੇਰੀ ਜਿੰਦ ਦੇ ਆਸਰੇ ਪ੍ਰਭੂ! (ਮੇਰੀ ਬੇਨਤੀ) ਧਿਆਨ ਨਾਲ ਸੁਣ।

9378	217	ਮਨੁ ਤਨੁ ਤੇਰਾ ਇਹੁ ਜੀਉ ਭਿ ਵਾਰੇ ਜੀਉ॥	(ਜੀਉ) ਜ਼ਿੰਦਗੀ। (ਭਿ) ਫੇਰ। (ਵਾਰੇ) ਕੁਰਬਾਨ ਕਰੀਏ	Man Than Thaeraa Eihu Jeeo Bh Vaarae Jeeo ||	My mind and body are Yours. This life is a sacrifice to You as well.	(ਮੇਰਾ ਇਹ) ਮਨ ਤੇਰਾ ਦਿੱਤਾ ਹੋਇਆ ਹੈ, (ਮੇਰਾ ਇਹ) ਸਰੀਰ ਤੇਰਾ ਦਿੱਤਾ ਹੋਇਆ ਹੈ, ਮੇਰੀ ਇਹ ਜਿੰਦ ਭੀ ਤੇਰੀ ਹੀ ਦਿੱਤੀ ਹੋਈ ਹੈ। ਮੈਂ (ਇਹ ਸਭ ਕੁਝ ਤੈਥੋਂ) ਕੁਰਬਾਨ ਕਰਦਾ ਹਾਂ।
9379	217	ਵਿਸਰੁ ਨਾਹੀ ਪ੍ਰਭ ਪ੍ਰਾਣ ਅਧਾਰੇ ਜੀਉ॥		Visar Naahee Prabh Praan Adhhaarae Jeeo ||	May I never forget God, the Support of the breath of life.	ਹੇ ਮੇਰੀ ਜਿੰਦ ਦੇ ਆਸਰੇ ਪ੍ਰਭੂ! ਮੈਨੂੰ ਭੁਲ ਨਾਹ।
9380	217	ਸਦਾ ਤੇਰੀ ਸਰਣਾਈ ਜੀਉ॥੧॥		Sadhaa Thaeree Saranaaee Jeeo ||1||	I have come to Your Eternal Sanctuary. ||1||	ਮੈਂ ਸਦਾ ਤੇਰੀ ਸਰਨ ਪਿਆ ਰਹਾਂ ॥੧॥
9381	217	ਜਿਸੁ ਮਿਲਿਐ ਮਨੁ ਜੀਵੈ ਭਾਈ ਜੀਉ॥		Jis Miliai Man Jeevai Bhaaee Jeeo ||	Meeting Him, my mind is revived, O Siblings of Destiny.	ਹੇ ਭਾਈ! ਜਿਸ ਹਰਿ-ਪ੍ਰਭੂ ਨੂੰ ਮਿਲਿਆਂ ਆਤਮਕ ਜੀਵਨ ਲੱਭ ਪੈਂਦਾ ਹੈ,
9382	217	ਗੁਰ ਪਰਸਾਦੀ ਸੋ ਹਰਿ ਹਰਿ ਪਾਈ ਜੀਉ॥		Gur Parasaadhee So Har Har Paaee Jeeo ||	By Guru's Grace, I have found the Lord, Har, Har.	ਉਹ ਹਰਿ-ਪ੍ਰਭੂ ਗੁਰੂ ਦੀ ਕਿਰਪਾ ਨਾਲ ਹੀ ਮਿਲ ਸਕਦਾ ਹੈ।

9383	217	ਸਭ ਕਿਛੁ ਪ੍ਰਭ ਕਾ ਪ੍ਰਭ ਕੀਆ ਜਾਈ ਜੀਉ॥		Sabh Kishh Prabh Kaa Prabh Keeaa Jaaee Jeeo ||	All things belong to God; all places belong to God.	(ਹੇ ਭਾਈ! ਮੇਰਾ ਮਨ ਤਨ) ਸਭ ਕੁਝ ਪ੍ਰਭੂ ਦਾ ਹੀ ਦਿੱਤਾ ਹੋਇਆ ਹੈ, (ਜਗਤ ਦੀਆਂ) ਸਾਰੀਆਂ ਥਾਵਾਂ ਪ੍ਰਭੂ ਦੀਆਂ ਹੀ ਹਨ,
9384	217	ਪ੍ਰਭ ਕਉ ਸਦ ਬਲਿ ਜਾਈ ਜੀਉ॥੨॥		Prabh Ko Sadh Bal Jaaee Jeeou ||2||	I am forever a sacrifice to God. ||2||	ਮੈਂ ਸਦਾ ਉਸ ਪ੍ਰਭੂ ਤੋਂ ਹੀ ਸਦਕੇ ਜਾਂਦਾ ਹਾਂ ॥੨॥
9385	217	ਏਹੁ ਨਿਧਾਨੁ ਜਪੈ ਵਡਭਾਗੀ ਜੀਉ॥		Eaehu Nidhhaan Japai Vaddabhaagee Jeeo ||	Very fortunate are those who meditate on this treasure.	(ਹੇ ਭਾਈ! ਪਰਮਾਤਮਾ ਦਾ) ਇਹ (ਨਾਮ ਸਾਰੇ ਪਦਾਰਥਾਂ ਦਾ) ਖ਼ਜ਼ਾਨਾ (ਹੈ ਕੋਈ) ਭਾਗਾਂ ਵਾਲਾ ਮਨੁੱਖ ਇਹ ਨਾਮ (ਜਪਦਾ ਹੈ,
9386	217	ਨਾਮ ਨਿਰੰਜਨ ਏਕ ਲਿਵ ਲਾਗੀ ਜੀਉ॥	(ਨਿਰੰਜਨ) ਪਵਿੱਤ੍ਰ	Naam Niranjan Eaek Liv Laagee Jeeo ||	They enshrine love for the Naam, the Name of the One Immaculate Lord.	ਪਵਿੱਤ੍ਰ-ਸਰੂਪ ਪ੍ਰਭੂ ਦੇ ਨਾਮ ਨਾਲ (ਉਸ ਵਡਭਾਗੀ ਮਨੁੱਖ ਦੀ) ਲਗਨ ਲੱਗ ਜਾਂਦੀ ਹੈ।
9387	217	ਗੁਰੁ ਪੂਰਾ ਪਾਇਆ ਸਭੁ ਦੁਖੁ ਮਿਟਾਇਆ ਜੀਉ॥		Gur Pooraa Paaeiaa Sabh Dhukh Mittaaeiaa Jeeo ||	Finding the Perfect Guru, all suffering is dispelled.	(ਜਿਸ ਵਡਭਾਗੀ ਮਨੁੱਖ ਨੂੰ) ਪੂਰਾ ਗੁਰੂ ਮਿਲ ਪੈਂਦਾ ਹੈ, ਉਹ ਹਰੇਕ ਕਿਸਮ ਦਾ ਦੁੱਖ ਦੂਰ ਕਰ ਲੈਂਦਾ ਹੈ,
9388	217	ਆਠ ਪਹਰ ਗੁਣ ਗਾਇਆ ਜੀਉ॥੩॥		Aath Pehar Gun Gaaeiaa Jeeo ||3||	Twenty-four hours a day, I sing the Glories of God. ||3||	ਉਹ ਅੱਠੇ ਪਹਿਰ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ ॥੩॥

9389	217	ਰਤਨ ਪਦਾਰਥ ਹਰਿ ਨਾਮੁ ਤੁਮਾਰਾ ਜੀਉ॥		Rathan Padhaarathh Har Naam Thumaaraa Jeeo ||	Your Name is the treasure of jewels, Lord.	(ਹੇ ਮੇਰੇ ਪਿਆਰੇ ਸੱਜਣ ਪ੍ਰਭੂ! ਹੇ ਹਰੀ! ਤੇਰਾ ਨਾਮ ਕੀਮਤੀ ਪਦਾਰਥਾਂ (ਦਾ ਸੋਮਾ) ਹੈ।
9390	217	ਤੂੰ ਸਚਾ ਸਾਹੁ ਭਗਤੁ ਵਣਜਾਰਾ ਜੀਉ॥		Thoon Sachaa Saahu Bhagath Vanajaaraa Jeeo ||	You are the True Banker; Your devotee is the trader.	ਹੇ ਹਰੀ! ਤੂੰ ਸਦਾ ਕਾਇਮ ਰਹਿਣ ਵਾਲਾ (ਉਹਨਾਂ ਰਤਨ-ਪਦਾਰਥਾਂ ਦਾ) ਸਾਹੂਕਾਰ ਹੈਂ, ਤੇਰਾ ਭਗਤ (ਉਹਨਾਂ ਰਤਨ ਪਦਾਰਥਾਂ ਦਾ) ਵਣਜ ਕਰਨ ਵਾਲਾ ਹੈ।
9391	217	ਹਰਿ ਧਨੁ ਰਾਸਿ ਸਚੁ ਵਾਪਾਰਾ ਜੀਉ॥		Har Dhhan Raas Sach Vaapaaraa Jeeo ||	True is the trade of those who have the wealth of the Lord's assets.	ਹੇ ਹਰੀ! ਤੇਰਾ ਨਾਮ-ਧਨ (ਤੇਰੇ ਭਗਤ ਦਾ) ਸਰਮਾਇਆ ਹੈ, ਤੇਰਾ ਭਗਤ ਇਹੀ ਸਦਾ-ਥਿਰ ਰਹਿਣ ਵਾਲਾ ਵਣਜ ਕਰਦਾ ਹੈ।
9392	217	ਜਨ ਨਾਨਕ ਸਦ ਬਲਿਹਾਰਾ ਜੀਉ॥੪॥੩॥੧੬੮॥		Jan Naanak Sadh Balihaaraa Jeeo ||4||3||168||	Servant Nanak is forever a sacrifice. ||4||3||168||	ਹੇ ਦਾਸ ਨਾਨਕ! (ਆਖ-ਹੇ ਹਰੀ!) ਮੈਂ (ਤੈਥੋਂ ਤੇ ਤੇਰੇ ਭਗਤ ਤੋਂ) ਸਦਾ ਕੁਰਬਾਨ ਜਾਂਦਾ ਹਾਂ ॥੪॥੩॥੧੬੮॥
9393	217	ਰਾਗੁ ਗਉੜੀ ਮਾਝ ਮਹਲਾ ੫		Raag Gourree Maajh Mehalaa 5	Raag Gauree Maajh, Fifth Mehl:	ਰਾਗ ਗਉੜੀ-ਮਾਝ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
9394	217	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

9395	217	ਤੂੰ ਮੇਰਾ ਬਹੁ ਮਾਣੁ ਕਰਤੇ ਤੂੰ ਮੇਰਾ ਬਹੁ ਮਾਣੁ॥	(ਮਾਣੁ) ਆਸਰਾ	Thoon Maeraa Bahu Maan Karathae Thoon Maeraa Bahu Maan ||	I am so proud of You, O Creator; I am so proud of You.	ਹੇ ਕਰਤਾਰ! ਤੂੰ ਮੇਰੇ ਵਾਸਤੇ ਫ਼ਖ਼ਰ ਦੀ ਥਾਂ ਹੈਂ, ਤੂੰ ਮੇਰਾ ਮਾਣ ਹੈਂ।
9396	217	ਜੋਰਿ ਤੁਮਾਰੈ ਸੁਖਿ ਵਸਾ ਸਚੁ ਸਬਦੁ ਨੀਸਾਣੁ॥੧॥ਰਹਾਉ॥	(ਜੋਰਿ) ਆਸਰੇ। (ਨੀਸਾਣੁ) ਪਰਵਾਨਾ, ਨਿਸ਼ਾਨਾ	Jor Thumaarai Sukh Vasaa Sach Sabadh Neesaan ||1|| Rehaao ||	Through Your Almighty Power, I dwell in peace. The True Word of the Shabad is my banner and insignia. ||1||Pause||	ਹੇ ਕਰਤਾਰ! ਤੇਰੇ ਬਲ ਦੇ ਆਸਰੇ ਮੈਂ ਸੁਖ ਨਾਲ ਵੱਸਦਾ ਹਾਂ, ਤੇਰੀ ਸਦਾ-ਥਿਰ ਸਿਫ਼ਤ-ਸਾਲਾਹ ਦੀ ਬਾਣੀ (ਮੇਰੇ ਜੀਵਨ-ਸਫ਼ਰ ਵਿਚ ਮੇਰੇ ਵਾਸਤੇ) ਰਾਹਦਾਰੀ ਹੈ ॥੧॥ ਰਹਾਉ ॥
9397	217	ਸਭੇ ਗਲਾ ਜਾਤੀਆ ਸੁਣਿ ਕੈ ਚੁਪ ਕੀਆ॥	(ਜਾਤੀਆ) ਜਾਣੀਆਂ	Sabhae Galaa Jaatheeaa Sun Kai Chup Keeaa ||	He hears and knows everything, but he keeps silent.	ਹੇ ਕਰਤਾਰ! (ਮਾਇਆ ਵਿਚ ਮੋਹਿਆ) ਜੀਵ ਪਰਮਾਰਥ ਦੀਆਂ ਸਾਰੀਆਂ ਗੱਲਾਂ ਸੁਣ ਕੇ ਸਮਝਦਾ ਭੀ ਹੈ, ਪਰ ਫਿਰ ਭੀ ਪਰਵਾਹ ਨਹੀਂ ਕਰਦਾ।
9398	217	ਕਦ ਹੀ ਸੁਰਤਿ ਨ ਲਧੀਆ ਮਾਇਆ ਮੋਹੜਿਆ॥੧॥	(ਲਧੀਆ) ਲੱਭਿਆ। (ਮੋਹੜਿਆ) ਮੋਹਿਆ	Kadh Hee Surath N Ladhheeaa Maaeiaa Moharriaa ||1||	Bewitched by Maya, he never regains awareness. ||1||	ਮਾਇਆ ਵਿਚ ਮੋਹਿਆ ਜੀਵ ਤੇ ਕਦੇ ਭੀ (ਪਰਮਾਰਥ ਵਲ) ਧਿਆਨ ਨਹੀਂ ਦੇਂਦਾ ॥੧॥

9399	217	ਦੇਇ ਬੁਝਾਰਤ ਸਾਰਤਾ ਸੇ ਅਖੀ ਡਿਠੜਿਆ॥	(ਸਾਰਤਾ)ਇਸ਼ਾਰੇ	Dhaee Bujhaarath Saarathaa Sae Akhee Dditharriaa ||	The riddles and hints are given, and he sees them with his eyes.	ਜੇ ਕੋਈ ਗੁਰਮੁਖਿ ਕੋਈ ਇਸ਼ਾਰਾ ਜਾਂ ਬੁਝਾਉਣੀ ਦੇਂਦਾ ਭੀ ਹੈ (ਕਿ ਇਥੇ ਸਦਾ ਨਹੀਂ ਬਹਿ ਰਹਿਣਾ, ਫਿਰ) ਉਹ ਗੱਲਾਂ ਅੱਖੀਂ ਭੀ ਵੇਖ ਲਈਦੀਆਂ ਹਨ (ਕਿ ਸਭ ਤੁਰੇ ਜਾ ਰਹੇ ਹਨ)
9400	218	ਕੋਈ ਜਿ ਮੂਰਖੁ ਲੋਭੀਆ ਮੂਲਿ ਨ ਸੁਣੀ ਕਹਿਆ॥੨॥		Koee J Moorakh Lobheeaa Mool N Sunee Kehiaa ||2||	But he is foolish and greedy, and he never listens to what he is told. ||2||	ਪਰ ਜੀਵ ਐਸਾ ਕੋਈ ਮੂਰਖ ਲੋਭੀ ਹੈ ਕਿ (ਅਜੇਹੀ) ਆਖੀ ਹੋਈ ਗੱਲ ਬਿਲਕੁਲ ਨਹੀਂ ਸੁਣਦਾ ॥੨॥
9401	218	ਇਕਸੁ ਦੁਹੁ ਚਹੁ ਕਿਆ ਗਣੀ ਸਭ ਇਕਤੁ ਸਾਦਿ ਮੁਠੀ॥	(ਮੁੱਠੀ) ਠੱਗੀ	Eikas Dhuhu Chahu Kiaa Ganee Sabh Eikath Saadh Muthee ||	Why bother to count one, two, three, four? The whole world is defrauded by the same enticements.	(ਹੇ ਭਾਈ!) ਮੈਂ ਕਿਸੇ ਇਕ ਦੀ ਦੁੰਹ ਦੀ ਚੁੰਹ ਦੀ ਕੀਹ ਗੱਲ ਦੱਸਾਂ? ਸਾਰੀ ਹੀ ਸ੍ਰਿਸ਼ਟੀ ਇਕੋ ਹੀ ਸੁਆਦ ਵਿਚ ਠੱਗੀ ਜਾ ਰਹੀ ਹੈ।
9402	218	ਇਕੁ ਅਧੁ ਨਾਇ ਰਸੀਅੜਾ ਕਾ ਵਿਰਲੀ ਜਾਇ ਵੁਠੀ॥੩॥	(ਜਾਇ) ਜਗ੍ਹਾ। (ਵੁੱਠੀ) ਵਸੀ	Eik Adhh Naae Raseearraa Kaa Viralee Jaae Vuthee ||3||	Hardly anyone loves the Lord's Name; how rare is that place which is in bloom. ||3||	ਕੋਈ ਵਿਰਲਾ ਮਨੁੱਖ ਪਰਮਾਤਮਾ ਦੇ ਨਾਮ ਵਿਚ ਰਸ ਲੈਣ ਵਾਲਾ ਹੈ, ਕੋਈ ਵਿਰਲਾ ਹਿਰਦਾ-ਥਾਂ ਵਰੋਸਾਇਆ ਹੋਇਆ ਮਿਲਦਾ ਹੈ ॥੩॥

9403	218	ਭਗਤ ਸਚੇ ਦਰਿ ਸੋਹਦੇ ਅਨਦ ਕਰਹਿ ਦਿਨ ਰਾਤਿ॥	ਅਨ-ਦ: ਪੋਲਾ ਬੋਲੋ	Bhagath Sachae Dhar Sohadhae Anadh Karehi Dhin Raath ||	The devotees look beautiful in the True Court; night and day, they are happy.	(ਹੇ ਭਾਈ!) ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਸੋਭਾ ਪਾਂਦੇ ਹਨ, ਤੇ ਦਿਨ ਰਾਤ ਆਤਮਕ ਆਨੰਦ ਮਾਣਦੇ ਹਨ।
9404	218	ਰੰਗਿ ਰਤੇ ਪਰਮੇਸਰੈ ਜਨ ਨਾਨਕ ਤਿਨ ਬਲਿ ਜਾਤ॥੪॥੧॥੧੬੯॥		Rang Rathae Paramaesarai Jan Naanak Thin Bal Jaath ||4||1||169||	They are imbued with the Love of the Transcendent Lord; servant Nanak is a sacrifice to them. ||4||1||169||	ਹੇ ਦਾਸ ਨਾਨਕ! (ਆਖ-ਜੇਹੜੇ ਮਨੁੱਖ) ਪਰਮੇਸਰ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਮੈਂ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ ॥੪॥੧॥੧੬੯॥
9405	218	ਗਉੜੀ ਮਹਲਾ ੫ ਮਾਂਝ॥		Gourree Mehalaa 5 Maanjh ||	Gauree, Fifth Mehl, Maajh:	
9406	218	ਦੁਖ ਭੰਜਨੁ ਤੇਰਾ ਨਾਮੁ ਜੀ ਦੁਖ ਭੰਜਨੁ ਤੇਰਾ ਨਾਮੁ॥		Dhukh Bhanjan Thaeraa Naam Jee Dhukh Bhanjan Thaeraa Naam ||	The Destroyer of sorrow is Your Name, Lord; the Destroyer of sorrow is Your Name.	ਹੇ ਪ੍ਰਭੂ! ਤੇਰਾ ਨਾਮ ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਤੇਰਾ ਨਾਮ ਦੁੱਖਾਂ ਦਾ ਨਾਸ ਕਰਨ ਵਾਲਾ ਹੈ।
9407	218	ਆਠ ਪਹਰ ਆਰਾਧੀਐ ਪੂਰਨ ਸਤਿਗੁਰ ਗਿਆਨੁ॥੧॥ਰਹਾਉ ॥		Aath Pehar Aaraadhheeai Pooran Sathigur Giaan ||1|| Rehaao ||	Twenty-four hours a day, dwell upon the wisdom of the Perfect True Guru. ||1||Pause||	(ਹੇ ਭਾਈ!) ਇਹ ਨਾਮ ਅੱਠੇ ਪਹਰ ਸਿਮਰਨਾ ਚਾਹੀਦਾ ਹੈ-ਪੂਰੇ ਸਤਿਗੁਰੂ ਦਾ ਇਹੀ ਉਪਦੇਸ਼ ਹੈ ਜੋ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਸਕਦਾ ਹੈ ॥੧॥ ਰਹਾਉ ॥

9408	218	ਜਿਤੁ ਘਟਿ ਵਸੈ ਪਾਰਬ੍ਰਹਮੁ ਸੋਈ ਸੁਹਾਵਾ ਥਾਉ॥	(ਸੁਹਾਵਾ) ਸੋਹਣਾ	Jith Ghatt Vasai Paarabreham Soee Suhaavaa Thhaao ||	That heart, in which the Supreme Lord God abides, is the most beautiful place.	(ਹੇ ਭਾਈ!) ਜਿਸ ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ, ਉਹੀ ਹਿਰਦਾ-ਥਾਂ ਸੋਹਣਾ ਬਣ ਜਾਂਦਾ ਹੈ।
9409	218	ਜਮਕੰਕਰੁ ਨੇੜਿ ਨ ਆਵਈ ਰਸਨਾ ਹਰਿ ਗੁਣ ਗਾਉ॥੧॥	ਆ-ਵਈ	Jam Kankar Naerr N Aavee Rasanaa Har Gun Gaao ||1||	The Messenger of Death does not even approach those who chant the Glorious Praises of the Lord with the tongue. ||1||	ਜੇਹੜਾ ਮਨੁੱਖ ਆਪਣੀ ਜੀਭ ਨਾਲ ਪਰਮਾਤਮਾ ਦੇ ਗੁਣ ਗਾਂਦਾ ਹੈ, ਜਮਦੂਤ ਉਸ ਦੇ ਨੇੜੇ ਨਹੀਂ ਢੁੱਕਦਾ (ਉਸ ਨੂੰ ਮੌਤ ਦਾ ਡਰ ਪੋਹ ਨਹੀਂ ਸਕਦਾ ॥੧॥
9410	218	ਸੇਵਾ ਸੁਰਤਿ ਨ ਜਾਣੀਆ ਨਾ ਜਾਪੈ ਆਰਾਧਿ॥		Saevaa Surath N Jaaneeaa Naa Jaapai Aaraadhh ||	I have not understood the wisdom of serving Him, nor have I worshipped Him in meditation.	ਮੈਂ (ਹੁਣ ਤਕ) ਤੇਰੀ ਸੇਵਾ-ਭਗਤੀ ਦੀ ਸੂਝ ਦੀ ਕਦਰ ਨਾ ਜਾਣੀ, ਮੈਨੂੰ ਤੇਰੇ ਨਾਮ ਦਾ ਆਰਾਧਨ ਕਰਨਾ ਨਹੀਂ ਸੁਝਿਆ,
9411	218	ਓਟਿ ਤੇਰੀ ਜਗਜੀਵਨਾ ਮੇਰੇ ਠਾਕੁਰ ਅਗਮ ਅਗਾਧਿ॥੨॥	ਜੱਗਜੀਵਨਾ	Outt Thaeree Jagajeevanaa Maerae Thaakur Agam Agaadhh ||2||	You are my Support, O Life of the World; O my Lord and Master, Inaccessible and Incomprehensible. ||2||	ਹੇ ਜਗਤ ਦੀ ਜ਼ਿੰਦਗੀ ਦੇ ਆਸਰੇ! ਹੇ ਮੇਰੇ ਪਾਲਣਹਾਰ ਮਾਲਕ! ਹੇ ਅਪਹੁੰਚ ਪ੍ਰਭੂ! ਹੇ ਅਥਾਹ ਪ੍ਰਭੂ! (ਪਰ ਹੁਣ) ਮੈਂ ਤੇਰਾ ਆਸਰਾ ਲਿਆ ਹੈ ॥੨॥
9412	218	ਭਏ ਕ੍ਰਿਪਾਲ ਗੁਸਾਈਆ ਨਠੇ ਸੋਗ ਸੰਤਾਪ॥	ਨੱਠੇ	Bheae Kirapaal Gusaaeeaa Nathae Sog Santhaap ||	When the Lord of the Universe became merciful, sorrow and suffering departed.	(ਹੇ ਭਾਈ!) ਸ੍ਰਿਸ਼ਟੀ ਦੇ ਮਾਲਕ-ਪ੍ਰਭੂ ਜਿਸ ਮਨੁੱਖ ਉਤੇ ਦਇਆਵਾਨ ਹੁੰਦੇ ਹਨ, ਉਸ ਦੇ ਸਾਰੇ ਫ਼ਿਕਰ ਤੇ ਕਲੇਸ਼ ਮਿਟ ਜਾਂਦੇ ਹਨ।

9413	218	ਤਤੀ ਵਾਉ ਨ ਲਗਈ ਸਤਿਗੁਰਿ ਰਖੇ ਆਪਿ॥੩॥	ਤੱਤੀ ਲੱਗਈ	Thathee Vaao N Lagee Sathigur Rakhae Aap ||3||	The hot winds do not even touch those who are protected by the True Guru. ||3||	ਜਿਸ ਮਨੁੱਖ ਦੀ ਗੁਰੂ ਨੇ ਆਪ ਰੱਖਿਆ ਕੀਤੀ, ਉਸ ਨੂੰ (ਸੋਗ-ਸੰਤਾਪ ਆਦਿਕ ਦਾ) ਸੇਕ ਨਹੀਂ ਪੋਹ ਸਕਦਾ ॥੩॥
9414	218	ਗੁਰੁ ਨਾਰਾਇਣੁ ਦਯੁ ਗੁਰੁ ਗੁਰੁ ਸਚਾ ਸਿਰਜਣਹਾਰੁ॥	ਗੁਰੂ ਜੀ ਹੀ (ਨਾਰਾਇਣੁ) ਪ੍ਰਭ ਜੀ ਹਨ। (ਦਯੁ) ਪੂਜਨੀਕ। ਦ-ਯੁ: ਦ ਮੁਕਤਾ, ਯੁ ਔਂਕੜ ਸਹਿਤ ਤਾਲੂ ਤੋਂ ਬੋਲੋ	Gur Naaraaein Dhay Gur Gur Sachaa Sirajanehaar ||	The Guru is the All-pervading Lord, the Guru is the Merciful Master; the Guru is the True Creator Lord.	(ਹੇ ਭਾਈ!) ਗੁਰੂ ਨਾਰਾਇਣ ਦਾ ਰੂਪ ਹੈ, ਗੁਰੂ ਸਭ ਉਤੇ ਦਇਆ ਕਰਨ ਵਾਲੇ ਪ੍ਰਭੂ ਦਾ ਸਰੂਪ ਹੈ, ਗੁਰੂ ਉਸ ਕਰਤਾਰ ਦਾ ਰੂਪ ਹੈ ਜੋ ਸਦਾ ਕਾਇਮ ਰਹਿਣ ਵਾਲਾ ਹੈ।
9415	218	ਗੁਰਿ ਤੁਠੈ ਸਭ ਕਿਛੁ ਪਾਇਆ ਜਨ ਨਾਨਕ ਸਦ ਬਲਿਹਾਰ॥੪॥੨॥੧੭੦॥		Gur Thuthai Sabh Kishh Paaeiaa Jan Naanak Sadh Balihaar ||4||2||170||	When the Guru was totally satisfied, I obtained everything. Servant Nanak is forever a sacrifice to Him. ||4||2||170||	ਜੇ ਗੁਰੂ ਪ੍ਰਸੰਨ ਹੋ ਜਾਏ ਤਾਂ ਸਭ ਕੁਝ ਪ੍ਰਾਪਤ ਹੋ ਜਾਂਦਾ ਹੈ। ਹੇ ਦਾਸ ਨਾਨਕ! (ਆਖ-) ਮੈਂ ਗੁਰੂ ਤੋਂ ਸਦਕੇ ਹਾਂ ॥੪॥੨॥੧੭੦॥
9416	218	ਗਉੜੀ ਮਾਝ ਮਹਲਾ ੫॥		Gourree Maajh Mehalaa 5 ||	Gauree Maajh, Fifth Mehl:	
9417	218	ਹਰਿ ਰਾਮ ਰਾਮ ਰਾਮ ਰਾਮਾ॥		Har Raam Raam Raam Raamaa ||	The Lord, the Lord, Raam, Raam, Raam:	(ਹੇ ਭਾਈ!) ਸਦਾ ਪਰਮਾਤਮਾ ਦਾ ਨਾਮ-
9418	218	ਜਪਿ ਪੂਰਨ ਹੋਏ ਕਾਮਾ॥੧॥ਰਹਾਉ॥		Jap Pooran Hoeae Kaamaa ||1|| Rehaao ||	Meditating on Him, all affairs are resolved. ||1||Pause||	ਜਪ ਕੇ ਸਾਰੇ ਕੰਮ ਸਫਲ ਹੋ ਜਾਂਦੇ ਹਨ ॥੧॥ ਰਹਾਉ ॥

9419	218	ਰਾਮ ਗੋਬਿੰਦ ਜਪੇਦਿਆ ਹੋਆ ਮੁਖੁ ਪਵਿਤ੍ਰੁ॥	ਅੱਧੇ ਰਾਰੇ ਹੇਠਾਂ ਔਂਕੜ ਲਾਉ	Raam Gobindh Japaedhiaa Hoaa Mukh Pavithra ||	Chanting the Name of the Lord of the Universe, one's mouth is sanctified.	(ਹੇ ਭਾਈ!) ਰਾਮ ਰਾਮ ਗੋਬਿੰਦ ਗੋਬਿੰਦ ਜਪਦਿਆਂ ਮੂੰਹ ਪਵਿਤ੍ਰ ਹੋ ਜਾਂਦਾ ਹੈ।
9420	218	ਹਰਿ ਜਸੁ ਸੁਣੀਐ ਜਿਸ ਤੇ ਸੋਈ ਭਾਈ ਮਿਤ੍ਰੁ॥੧॥		Har Jas Suneeai Jis Thae Soee Bhaaee Mithra ||1||	One who recites to me the Praises of the Lord is my friend and brother. ||1||	(ਦੁਨੀਆ ਵਿਚ) ਉਹੀ ਮਨੁੱਖ (ਅਸਲ) ਭਰਾ ਹੈ (ਅਸਲ) ਮਿੱਤਰ ਹੈ, ਜਿਸ ਪਾਸੋਂ ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣੀ ਜਾਏ ॥੧॥
9421	218	ਸਭਿ ਪਦਾਰਥ ਸਭਿ ਫਲਾ ਸਰਬ ਗੁਣਾ ਜਿਸੁ ਮਾਹਿ॥		Sabh Padhaarathh Sabh Falaa Sarab Gunaa Jis Maahi ||	All treasures, all rewards and all virtues are in the Lord of the Universe.	ਜਿਸ ਦੇ ਵੱਸ ਵਿਚ (ਦੁਨੀਆ ਦੇ) ਸਾਰੇ ਪਦਾਰਥ ਸਾਰੇ ਫਲ ਤੇ ਸਾਰੇ ਆਤਮਕ ਗੁਣ ਹਨ,
9422	218	ਕਿਉ ਗੋਬਿੰਦੁ ਮਨਹੁ ਵਿਸਾਰੀਐ ਜਿਸੁ ਸਿਮਰਤ ਦੁਖ ਜਾਹਿ॥੨॥		Kio Gobindh Manahu Visaareeai Jis Simarath Dhukh Jaahi ||2||	Why forget Him from your mind? Remembering Him in meditation, pain departs. ||2||	(ਹੇ ਭਾਈ!) ਉਸ ਗੋਬਿੰਦ ਨੂੰ ਆਪਣੇ ਮਨ ਤੋਂ ਕਦੇ ਭੀ ਭੁਲਾਣਾ ਨਹੀਂ ਚਾਹੀਦਾ, ਜਿਸ ਦਾ ਸਿਮਰਨ ਕੀਤਿਆਂ ਸਾਰੇ ਦੁੱਖ ਦੂਰ ਹੋ ਜਾਂਦੇ ਹਨ ॥੨॥
9423	218	ਜਿਸੁ ਲੜਿ ਲਗਿਐ ਜੀਵੀਐ ਭਵਜਲੁ ਪਈਐ ਪਾਰਿ॥		Jis Larr Lagiai Jeeveeai Bhavajal Peeai Paar ||	Grasping the hem of His robe, we live, and cross over the terrifying world-ocean.	(ਹੇ ਭਾਈ! ਉਸ ਗੋਬਿੰਦ ਨੂੰ ਆਪਣੇ ਮਨ ਤੋਂ ਕਦੇ ਭੀ ਭੁਲਾਣਾ ਨਹੀਂ ਚਾਹੀਦਾ) ਜਿਸ ਦਾ ਆਸਰਾ ਲਿਆਂ ਆਤਮਕ ਜੀਵਨ ਮਿਲ ਜਾਂਦਾ ਹੈ, ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ,

9424	218	ਮਿਲਿ ਸਾਧੂਸੰਗਿ ਉਧਾਰੁ ਹੋਇ ਮੁਖ ਊਜਲ ਦਰਬਾਰਿ॥੩॥		Mil Saadhhoo Sang Oudhhaar Hoe Mukh Oojal Dharabaar ||3||	Joining the Saadh Sangat, the Company of the Holy, one is saved, and one's face becomes radiant in the Court of the Lord. ||3||	ਗੁਰੂ ਦੀ ਸੰਗਤਿ ਵਿਚ ਮਿਲ ਕੇ (ਜਿਸ ਦਾ ਸਿਮਰਨ ਕੀਤਿਆਂ ਵਿਕਾਰਾਂ ਤੋਂ) ਬਚਾਉ ਹੋ ਜਾਂਦਾ ਹੈ ਤੇ ਪ੍ਰਭੂ ਦੀ ਹਜ਼ੂਰੀ ਵਿਚ ਸੁਰਖ਼ਰੂ ਹੋ ਜਾਈਦਾ ਹੈ ॥੩॥
9425	218	ਜੀਵਨ ਰੂਪ ਗੋਪਾਲ ਜਸੁ ਸੰਤ ਜਨਾ ਕੀ ਰਾਸਿ॥	(ਰਾਸਿ) ਪੂੰਜੀ	Jeevan Roop Gopaal Jas Santh Janaa Kee Raas ||	The Praise of the Sustainer of the Universe is the essence of life, and the wealth of His Saints.	ਗੋਪਾਲ-ਪ੍ਰਭੂ ਦੀ ਸਿਫ਼ਤ-ਸਾਲਾਹ ਆਤਮਕ ਜੀਵਨ ਦੇਣ ਵਾਲੀ ਹੈ, ਪ੍ਰਭੂ ਦੀ ਸਿਫ਼ਤ-ਸਾਲਾਹ ਸੰਤ ਜਨਾਂ ਦੇ ਵਾਸਤੇ ਸਰਮਾਇਆ ਹੈ।
9426	218	ਨਾਨਕ ਉਬਰੇ ਨਾਮੁ ਜਪਿ ਦਰਿ ਸਚੈ ਸਾਬਾਸਿ॥੪॥੩॥੧੭੧॥	ਉੱਬਰੇ	Naanak Oubarae Naam Jap Dhar Sachai Saabaas ||4||3||171||	Nanak is saved, chanting the Naam, the Name of the Lord; in the True Court, he is cheered and applauded. ||4||3||171||	ਹੇ ਨਾਨਕ! ਪ੍ਰਭੂ ਦਾ ਨਾਮ ਜਪ ਕੇ (ਸੰਤ ਜਨ ਵਿਕਾਰਾਂ ਤੋਂ) ਬਚ ਨਿਕਲਦੇ ਹਨ, ਤੇ ਸਦਾ-ਥਿਰ ਪ੍ਰਭੂ ਦੇ ਦਰ ਤੇ ਸ਼ਾਬਾਸ਼ ਹਾਸਲ ਕਰਦੇ ਹਨ ॥੪॥੩॥੧੭੧॥
9427	218	ਗਉੜੀ ਮਾਝ ਮਹਲਾ ੫॥		Gourree Maajh Mehalaa 5 ||	Gauree Maajh, Fifth Mehl:	
9428	218	ਮੀਠੇ ਹਰਿ ਗੁਣ ਗਾਉ ਜਿੰਦੂ ਤੂੰ ਮੀਠੇ ਹਰਿ ਗੁਣ ਗਾਉ॥	(ਜਿੰਦੂ) ਜੀਵ	Meethae Har Gun Gaao Jindhoo Thoon Meethae Har Gun Gaao ||	Sing the Sweet Praises of the Lord, O my soul, sing the Sweet Praises of the Lord.	ਹੇ ਮੇਰੀ ਜਿੰਦੇ! ਤੂੰ ਹਰੀ ਦੇ ਪਿਆਰੇ ਲੱਗਣ ਵਾਲੇ ਗੁਣ ਗਾ, ਹਰੀ ਦੇ ਪਿਆਰੇ ਲੱਗਣ ਵਾਲੇ ਗੁਣ ਗਾਂਦੀ ਰਿਹਾ ਕਰ।

9429	218	ਸਚੇ ਸੇਤੀ ਰਤਿਆ ਮਿਲਿਆ ਨਿਥਾਵੇ ਥਾਉ॥੧॥ਰਹਾਉ॥		Sachae Saethee Rathiaa Miliaa Nithhaavae Thhaao ||1|| Rehaao ||	Attuned to the True One, even the homeless find a home. ||1||Pause||	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਲ ਰੱਤੇ ਰਿਹਾਂ ਉਸ ਮਨੁੱਖ ਨੂੰ ਭੀ (ਹਰ ਥਾਂ) ਆਦਰ ਮਿਲ ਜਾਂਦਾ ਹੈ ਜਿਸ ਨੂੰ ਪਹਿਲਾਂ ਕਿਤੇ ਕਦੇ ਢੋਈ ਨਹੀਂ ਮਿਲਦੀ ॥੧॥ ਰਹਾਉ ॥
9430	218	ਹੋਰਿ ਸਾਦ ਸਭਿ ਫਿਕਿਆ ਤਨੁ ਮਨੁ ਫਿਕਾ ਹੋਇ॥	ਫਿੱਕਿਆ ਫਿੱਕਾ	Hor Saadh Sabh Fikiaa Than Man Fikaa Hoe ||	All other tastes are bland and insipid; through them, the body and mind are rendered insipid as well.	(ਹੇ ਮੇਰੀ ਜਿੰਦੇ! ਹਰੀ ਦੇ ਮਿਠੇ ਗੁਣਾਂ ਦੇ ਟਾਕਰੇ ਤੇ ਦੁਨੀਆ ਵਾਲੇ) ਸਾਰੇ ਸੁਆਦ ਫਿੱਕੇ ਹਨ, (ਇਹਨਾਂ ਸੁਆਦਾਂ ਵਿਚ ਪਿਆਂ) ਸਰੀਰ (ਹਰੇਕ ਗਿਆਨ-ਇੰਦ੍ਰਾ) ਫਿੱਕਾ (ਰੁੱਖਾ) ਹੋ ਜਾਂਦਾ ਹੈ, ਮਨ ਰੁੱਖਾ ਹੋ ਜਾਂਦਾ ਹੈ।
9431	218	ਵਿਣੁ ਪਰਮੇਸਰ ਜੋ ਕਰੇ ਫਿਟੁ ਸੁ ਜੀਵਣੁ ਸੋਇ॥੧॥	ਫਿੱਟੁ	Vin Paramaesar Jo Karae Fitt S Jeevan Soe ||1||	Without the Transcendent Lord, what can anyone do? Cursed is his life, and cursed his reputation. ||1||	ਪਰਮੇਸ਼ਰ ਦਾ ਨਾਮ ਜਪਣ ਤੋਂ ਖੁੰਝ ਕੇ ਮਨੁੱਖ ਜੋ ਕੁਝ ਭੀ ਕਰਦਾ ਹੈ, ਉਸ ਨਾਲ ਜ਼ਿੰਦਗੀ ਫਿਟਕਾਰ-ਜੋਗ ਹੋ ਜਾਂਦੀ ਹੈ ॥੧॥
9432	218	ਅੰਚਲੁ ਗਹਿ ਕੈ ਸਾਧ ਕਾ ਤਰਣਾ ਇਹੁ ਸੰਸਾਰੁ॥	(ਅੰਚਲੁ) ਪੱਲਾ। (ਗਹਿ) ਫੜ	Anchal Gehi Kai Saadhh Kaa Tharanaa Eihu Sansaar ||	Grasping the hem of the robe of the Holy Saint, we cross over the world-ocean.	(ਹੇ ਮੇਰੀ ਜਿੰਦੇ!) ਗੁਰੂ ਦਾ ਪੱਲਾ ਫੜ ਕੇ ਇਸ ਸੰਸਾਰ-(ਸਮੁੰਦਰ) ਤੋਂ ਪਾਰ ਲੰਘ ਸਕੀਦਾ ਹੈ।

9433	218	ਪਾਰਬ੍ਰਹਮੁ ਆਰਾਧੀਐ ਉਧਰੈ ਸਭ ਪਰਵਾਰੁ॥੨॥	(ਆਰਾਧੀਐ) ਸਿਮਰੀਏ। ਉਧ-ਰੈ	Paarabreham Aaraadhheeai Oudhharai Sabh Paravaar ||2||	Worship and adore the Supreme Lord God, and all your family will be saved as well. ||2||	(ਹੇ ਜਿੰਦੇ!) ਪਰਮਾਤਮਾ ਦੀ ਅਰਾਧਨਾ ਕਰਨੀ ਚਾਹੀਦੀ ਹੈ। (ਜੇਹੜਾ ਮਨੁੱਖ ਆਰਾਧਨ ਕਰਦਾ ਹੈ, ਉਸ ਦਾ) ਸਾਰਾ ਪਰਵਾਰ (ਸੰਸਾਰ-ਸਮੁੰਦਰ ਦੀਆਂ ਵਿਕਾਰਾਂ ਦੀਆਂ ਲਹਿਰਾਂ ਵਿਚੋਂ) ਬਚ ਨਿਕਲਦਾ ਹੈ ॥੨॥
9434	218	ਸਾਜਨੁ ਬੰਧੁ ਸੁਮਿਤ੍ਰੁ ਸੋ ਹਰਿ ਨਾਮੁ ਹਿਰਦੈ ਦੇਇ॥	(ਸੁ-ਮਿੱਤ੍ਰ) ਸ੍ਰੇਸ਼ਟ ਪਿਆਰਾ ਮਿੱਤ੍ਰ। (ਬੰਧੁ) ਸਬੰਧੀ। ਦੇ-ਇ	Saajan Bandhh Sumithra So Har Naam Hiradhai Dhaee ||	He is a companion, a relative, and a good friend of mine, who implants the Lord's Name within my heart.	(ਹੇ ਮੇਰੀ ਜਿੰਦੇ!) ਜੇਹੜਾ ਗੁਰਮੁਖ ਪਰਮਾਤਮਾ ਦਾ ਨਾਮ ਹਿਰਦੇ ਵਿਚ (ਵਸਾਣ ਲਈ) ਦੇਂਦਾ ਹੈ, ਉਹੀ ਅਸਲ ਸੱਜਣ ਹੈ, ਉਹੀ ਅਸਲ ਸੰਬੰਧੀ ਹੈ, ਉਹੀ ਅਸਲ ਮਿੱਤਰ ਹੈ,
9435	218	ਅਉਗਣ ਸਭਿ ਮਿਟਾਇ ਕੈ ਪਰਉਪਕਾਰੁ ਕਰੇਇ॥੩॥	ਕਰੇ-ਇ: ਲਾਂ ਲੰਬੀ ਸਿਹਾਰੀ ਸੰਕੋਚ ਕੇ ਬੋਲੋ	Aougan Sabh Mittaae Kai Paroupakaar Karaee ||3||	He washes off all my demerits, and is so generous to me. ||3||	(ਕਿਉਂਕਿ ਉਹ ਸਾਡੇ ਅੰਦਰੋਂ) ਸਾਰੇ ਔਗੁਣ ਦੂਰ ਕਰ ਕੇ (ਸਾਡੇ ਉਤੇ) ਭਲਾਈ ਕਰਦਾ ਹੈ ॥੩॥
9436	218	ਮਾਲੁ ਖਜਾਨਾ ਥੇਹੁ ਘਰੁ ਹਰਿ ਕੇ ਚਰਣ ਨਿਧਾਨ॥	(ਥੇਹੁ) ਪਿੰਡ	Maal Khajaanaa Thhaehu Ghar Har Kae Charan Nidhhaan ||	Wealth, treasures,and household are all just ruins; the Lord's Feet are the only treasure.	(ਹੇ ਮੇਰੀ ਜਿੰਦੇ!) ਪਰਮਾਤਮਾ ਦੇ ਚਰਨ ਹੀ (ਸਾਰੇ ਪਦਾਰਥਾਂ ਦੇ) ਖ਼ਜ਼ਾਨੇ ਹਨ (ਜੀਵ ਦੇ ਨਾਲ ਨਿਭਣ ਵਾਲਾ) ਮਾਲ ਹੈ, ਖ਼ਜ਼ਾਨਾ ਹੈ (ਜੀਵ ਦੇ ਵਾਸਤੇ ਅਸਲੀ) ਵੱਸੋਂ ਹੈ ਤੇ ਘਰ ਹੈ।

9437	218	ਨਾਨਕੁ ਜਾਚਕੁ ਦਰਿ ਤੇਰੈ ਪ੍ਰਭ ਤੁਧਨੋ ਮੰਗੈ ਦਾਨੁ॥੪॥੪॥੧੭੨॥		Naanak Jaachak Dhar Thaerai Prabh Thudhhano Mangai Dhaan ||4||4||172||	Nanak is a beggar standing at Your Door, God; he begs for Your charity. ||4||4||172||	ਹੇ ਪ੍ਰਭੂ! (ਤੇਰੇ ਦਰ ਦਾ) ਮੰਗਤਾ ਨਾਨਕ ਤੇਰੇ ਦਰ ਤੇ ਤੇਰਾ ਨਾਮ ਦਾਨ-ਵਜੋਂ ਮੰਗਦਾ ਹੈ ॥੪॥੪॥੧੭੨॥
9438	219	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
9439	219	ਰਾਗੁ ਗਉੜੀ ਮਹਲਾ ੯॥	ਮਹੱਲਾ ਨਾਵਾਂ	Raag Gourree Mehalaa 9 ||	Raag Gauree, Ninth Mehl	ਰਾਗ ਗਉੜੀ ਵਿੱਚ ਗੁਰੂ ਤੇਗਬਹਾਦਰ ਜੀ ਦੀ ਬਾਣੀ।
9440	219	ਸਾਧੋ ਮਨ ਕਾ ਮਾਨੁ ਤਿਆਗਉ॥		Saadhho Man Kaa Maan Thiaago ||	Holy Saadhus: forsake the pride of your mind.	ਹੇ ਸੰਤ ਜਨੋ! (ਆਪਣੇ) ਮਨ ਦਾ ਅਹੰਕਾਰ ਛੱਡ ਦਿਉ।
9441	219	ਕਾਮ ਕ੍ਰੋਧੁ ਸੰਗਤਿ ਦੁਰਜਨ ਕੀ ਤਾ ਤੇ ਅਹਿ ਨਿਸਿ ਭਾਗਉ॥੧॥ਰਹਾਉ॥	(ਦੁਰਜਨ) ਖੋਟੇ ਮਨੁੱਖ। (ਅਹਿ) ਦਿਨ (ਨਿਸਿ) ਰਾਤ	Kaam Krodhh Sangath Dhurajan Kee Thaa Thae Ahinis Bhaago ||1|| Rehaao ||	Sexual desire, anger and the company of evil people - run away from them, day and night. ||1||Pause||	ਕਾਮ ਅਤੇ ਕ੍ਰੋਧ (ਭੀ) ਭੈੜੇ ਮਨੁੱਖ ਦੀ ਸੰਗਤਿ (ਵਾਂਗ ਹੀ) ਹੈ, ਇਸ ਤੋਂ (ਭੀ) ਦਿਨ ਰਾਤ (ਹਰ ਵੇਲੇ) ਪਰੇ ਰਹੋ ॥੧॥ ਰਹਾਉ ॥

9442	219	ਸੁਖੁ ਦੁਖੁ ਦੋਨੋ ਸਮ ਕਰਿ ਜਾਨੈ ਅਉਰੁ ਮਾਨੁ ਅਪਮਾਨਾ॥		Sukh Dhukh Dhono Sam Kar Jaanai Aour Maan Apamaanaa ||	One who knows that pain and pleasure are both the same, and honor and dishonor as well,	(ਹੇ ਸੰਤ ਜਨੋ! ਜੇਹੜਾ ਮਨੁੱਖ) ਸੁਖ ਅਤੇ ਦੁੱਖ ਦੋਹਾਂ ਨੂੰ ਇਕੋ ਜਿਹਾ ਜਾਣਦਾ ਹੈ, ਅਤੇ ਜੇਹੜਾ ਆਦਰ ਤੇ ਨਿਰਾਦਰੀ ਨੂੰ (ਭੀ) ਇਕ ਸਮਾਨ ਜਾਣਦਾ ਹੈ।
9443	219	ਹਰਖ ਸੋਗ ਤੇ ਰਹੈ ਅਤੀਤਾ ਤਿਨਿ ਜਗਿ ਤਤੁ ਪਛਾਨਾ॥੧॥	(ਅਤੀਤਾ) ਨਿਰਲੇਪ। (ਤਤੁ) ਅਸਲੀਅਤ	Harakh Sog Thae Rehai Atheethaa Thin Jag Thath Pashhaanaa ||1||	Who remains detached from joy and sorrow, realizes the true essence in the world. ||1||	(ਕੋਈ ਮਨੁੱਖ ਉਸ ਦਾ ਆਦਰ ਕਰੇ ਤਾਂ ਭੀ ਪਰਵਾਹ ਨਹੀਂ, ਜੇ ਕੋਈ ਉਸ ਦੀ ਨਿਰਾਦਰੀ ਕਰੇ ਤਾਂ ਭੀ ਪਰਵਾਹ ਨਹੀਂ), ਤੇ ਜੇਹੜਾ ਮਨੁੱਖ ਖ਼ੁਸ਼ੀ ਅਤੇ ਗ਼ਮੀ ਦੋਹਾਂ ਤੋਂ ਨਿਰਲੇਪ ਰਹਿੰਦਾ ਹੈ (ਖ਼ੁਸ਼ੀ ਦੇ ਵੇਲੇ ਅਹੰਕਾਰ ਵਿਚ ਨਹੀਂ ਆ ਜਾਂਦਾ ਤੇ ਗ਼ਮੀ ਦੇ ਵੇਲੇ ਘਬਰਾ ਨਹੀਂ ਜਾਂਦਾ) ਉਸ ਨੇ ਜਗਤ ਵਿਚ ਜੀਵਨ ਦਾ ਭੇਤ ਸਮਝ ਲਿਆ ਹੈ ॥੧॥
9444	219	ਉਸਤਤਿ ਨਿੰਦਾ ਦੋਊ ਤਿਆਗੈ ਖੋਜੈ ਪਦੁ ਨਿਰਬਾਨਾ॥	(ਨਿਰਬਾਨਾ) ਮੁਕਤੀ ਦੀ (ਪਦੁ) ਪਦਵੀ। ਪਦੁ:ਪੋਲਾ ਬੋਲੋ।	Ousathath Nindhaa Dhooo Thiaagai Khojai Padh Nirabaanaa ||	Renounce both praise and blame; seek instead the state of Nirvaanaa.	(ਹੇ ਸੰਤ ਜਨੋ! ਉਸ ਮਨੁੱਖ ਨੇ ਅਸਲੀਅਤ ਲੱਭ ਲਈ ਹੈ ਜੇਹੜਾ) ਨਾਹ ਕਿਸੇ ਦੀ ਖ਼ੁਸ਼ਾਮਦ ਕਰਦਾ ਹੈ ਨਾਹ ਕਿਸੇ ਦੀ ਨਿੰਦਾ ਕਰਦਾ ਹੈ, ਤੇ ਜੋ ਉਸ ਆਤਮਕ ਅਵਸਥਾ ਦੀ ਸਦਾ ਭਾਲ ਕਰਦਾ ਹੈ ਜਿਥੇ ਕੋਈ ਵਾਸਨਾ ਪੋਹ ਨਹੀਂ ਸਕਦੀ।

9445	219	ਜਨ ਨਾਨਕ ਇਹੁ ਖੇਲੁ ਕਠਨੁ ਹੈ ਕਿਨਹੂੰ ਗੁਰਮੁਖਿ ਜਾਨਾ॥੨॥੧॥		Jan Naanak Eihu Khael Kathan Hai Kinehoon Guramukh Jaanaa ||2||1||	O servant Nanak, this is such a difficult game; only a few Gurmukhs understand it! ||2||1||	(ਪਰ) ਹੇ ਨਾਨਕ! ਇਹ (ਜੀਵਨ-) ਖੇਡ (ਖੇਡਣੀ) ਔਖੀ ਹੈ। ਕੋਈ ਵਿਰਲਾ ਮਨੁੱਖ ਗੁਰੂ ਦੀ ਸਰਨ ਪੈ ਕੇ ਇਸ ਨੂੰ ਸਮਝਦਾ ਹੈ ॥੨॥੧॥
9446	219	ਗਉੜੀ ਮਹਲਾ ੯॥		Gourree Mehalaa 9 ||	Gauree, Ninth Mehl:	
9447	219	ਸਾਧੋ ਰਚਨਾ ਰਾਮ ਬਨਾਈ॥		Saadhho Rachanaa Raam Banaaee ||	Holy Saadhus: the Lord fashioned the creation.	ਹੇ ਸੰਤ ਜਨੋ! ਪਰਮਾਤਮਾ ਨੇ (ਜਗਤ ਦੀ ਇਹ ਅਸਚਰਜ) ਰਚਨਾ ਰਚ ਦਿੱਤੀ ਹੈ,
9448	219	ਇਕਿ ਬਿਨਸੈ ਇਕ ਅਸਥਿਰੁ ਮਾਨੈ ਅਚਰਜੁ ਲਖਿਓ ਨ ਜਾਈ॥੧॥ਰਹਾਉ॥	(ਬਿਨਸੈ) ਨਾਸ ਹੁੰਦਾ। (ਅਸਥਿਰੁ) ਸਦਾ ਕਾਇਮ। ਲਖਿਓ :ਪੋਲਾ ਬੋਲੋ। ਲਖਿਓ) ਜਾਣਿਆ। ਅ-ਚਰਜੁ	Eik Binasai Eik Asathhir Maanai Acharaj Lakhiou N Jaaee ||1|| Rehaao ||	One person passes away, and another thinks that he will live forever - this is a wonder beyond understanding! ||1||Pause||	(ਕਿ) ਇਕ ਮਨੁੱਖ (ਤਾਂ) ਮਰਦਾ ਹੈ (ਪਰ) ਦੂਜਾ ਮਨੁੱਖ (ਉਸ ਨੂੰ ਮਰਦਿਆਂ ਵੇਖ ਕੇ ਭੀ ਆਪਣੇ ਆਪ ਨੂੰ) ਸਦਾ ਟਿਕੇ ਰਹਿਣ ਵਾਲਾ ਸਮਝਦਾ ਹੈ। ਇਹ ਇਕ ਅਸਚਰਜ ਤਮਾਸ਼ਾ ਹੈ ਜੋ ਬਿਆਨ ਨਹੀਂ ਕੀਤਾ ਜਾ ਸਕਦਾ ॥੧॥ ਰਹਾਉ ॥
9449	219	ਕਾਮੁ ਕ੍ਰੋਧੁ ਮੋਹ ਬਸਿ ਪ੍ਰਾਨੀ ਹਰਿ ਮੂਰਤਿ ਬਿਸਰਾਈ॥	ਬੱਸਿ	Kaam Krodhh Moh Bas Praanee Har Moorath Bisaraaee ||	The mortal beings are held in the power of sexual desire, anger and emotional attachment; they have forgotten the Lord, the Immortal Form.	(ਹੇ ਸੰਤ ਜਨੋ!) ਮਨੁੱਖ ਕਾਮ ਦੇ ਕ੍ਰੋਧ ਦੇ ਮੋਹ ਦੇ ਕਾਬੂ ਵਿਚ ਆਇਆ ਰਹਿੰਦਾ ਹੈ ਤੇ ਪਰਮਾਤਮਾ ਦੀ ਹਸਤੀ ਨੂੰ ਭੁਲਾਈ ਰੱਖਦਾ ਹੈ।

9450	219	ਝੂਠਾ ਤਨੁ ਸਾਚਾ ਕਰਿ ਮਾਨਿਓ ਜਿਉ ਸੁਪਨਾ ਰੈਨਾਈ॥੧॥	(ਰੈਨਾਈ) ਰਾਤ ਦਾ	Jhoothaa Than Saachaa Kar Maaniou Jio Supanaa Rainaaee ||1||	The body is false, but they believe it to be true; it is like a dream in the night. ||1||	ਇਹ ਸਰੀਰ ਸਦਾ ਨਾਲ ਰਹਿਣ ਵਾਲਾ ਨਹੀਂ ਹੈ, ਪਰ ਮਨੁੱਖ ਇਸ ਨੂੰ ਸਦਾ ਕਾਇਮ ਰਹਿਣ ਵਾਲਾ ਸਮਝਦਾ ਹੈ, ਜਿਵੇਂ ਰਾਤ ਵੇਲੇ (ਸੁੱਤਿਆਂ ਜੇਹੜਾ) ਸੁਪਨਾ (ਆਉਂਦਾ ਹੈ ਮਨੁੱਖ ਨੀਂਦਰ ਦੀ ਹਾਲਤ ਵਿਚ ਉਸ ਸੁਪਨੇ ਨੂੰ ਅਸਲੀ ਵਾਪਰ ਰਹੀ ਗੱਲ ਸਮਝਦਾ ਹੈ) ॥੧॥
9451	219	ਜੋ ਦੀਸੈ ਸੋ ਸਗਲ ਬਿਨਾਸੈ ਜਿਉ ਬਾਦਰ ਕੀ ਛਾਈ॥	(ਬਾ-ਦਰ) ਬੱਦਲ ਕੀ (ਛਾਈ) ਛਾਂ	Jo Dheesai So Sagal Binaasai Jio Baadhar Kee Shhaaee ||	Whatever is seen, shall all pass away, like the shadow of a cloud.	(ਹੇ ਸੰਤ ਜਨੋ!) ਜਿਵੇਂ ਬੱਦਲ ਦੀ ਛਾਂ (ਸਦਾ ਇੱਕ ਥਾਂ ਟਿਕੀ ਨਹੀਂ ਰਹਿ ਸਕਦੀ, ਤਿਵੇਂ) ਜੋ ਕੁਝ (ਜਗਤ ਵਿਚ) ਦਿੱਸ ਰਿਹਾ ਹੈ ਇਹ ਸਭ ਕੁਝ (ਆਪਣੇ ਆਪਣੇ ਸਮੇ) ਨਾਸ ਹੋ ਜਾਂਦਾ ਹੈ।
9452	219	ਜਨ ਨਾਨਕ ਜਗੁ ਜਾਨਿਓ ਮਿਥਿਆ ਰਹਿਓ ਰਾਮ ਸਰਨਾਈ॥੨॥੨॥	ਮਿਥਿਆ:ਪੋਲਾ ਬੋਲੋ। (ਮਿਥਿਆ) ਨਾਸਵੰਤ। ਜੱਗੁ	Jan Naanak Jag Jaaniou Mithhiaa Rehiou Raam Saranaaee ||2||2||	O servant Nanak, one who knows the world to be unreal, dwells in the Sanctuary of the Lord. ||2||2||	ਹੇ ਦਾਸ ਨਾਨਕ! (ਜਿਸ ਮਨੁੱਖ ਨੇ) ਜਗਤ ਨੂੰ ਨਾਸਵੰਤ ਸਮਝ ਲਿਆ ਹੈ, ਉਹ (ਸਦਾ-ਥਿਰ ਰਹਿਣ ਵਾਲੇ) ਪਰਮਾਤਮਾ ਦੀ ਸਰਨ ਪਿਆ ਰਹਿੰਦਾ ਹੈ ॥੨॥੨॥
9453	219	ਗਉੜੀ ਮਹਲਾ ੯॥		Gourree Mehalaa 9 ||	Gauree, Ninth Mehl:	

9454	219	ਪ੍ਰਾਨੀ ਕਉ ਹਰਿ ਜਸੁ ਮਨਿ ਨਹੀ ਆਵੈ॥		Praanee Ko Har Jas Man Nehee Aavai ||	The Praise of the Lord does not come to dwell in the minds of the mortal beings.	(ਹੇ ਭਾਈ!) ਮਨੁੱਖ ਨੂੰ ਪਰਮਾਤਮਾ ਦੀ ਸਿਫ਼ਤ-ਸਾਲਾਹ (ਆਪਣੇ) ਮਨ ਵਿਚ (ਵਸਾਈ) ਨਹੀਂ ਆਉਂਦੀ।
9455	219	ਅਹਿ ਨਿਸਿ ਮਗਨੁ ਰਹੈ ਮਾਇਆ ਮੈ ਕਹੁ ਕੈਸੇ ਗੁਨ ਗਾਵੈ॥੧॥ਰਹਾਉ॥	ਮਗਨੁ: ਪੋਲਾ ਬੋਲੋ	Ahinis Magan Rehai Maaeiaa Mai Kahu Kaisae Gun Gaavai ||1|| Rehaao ||	Day and night, they remain engrossed in Maya. Tell me, how can they sing God's Glories? ||1||Pause||	(ਹੇ ਭਾਈ!) ਦੱਸ, ਉਹ ਮਨੁੱਖ ਕਿਵੇਂ ਪਰਮਾਤਮਾ ਦੇ ਗੁਣ ਗਾ ਸਕਦਾ ਹੈ ਜੇਹੜਾ ਦਿਨ ਰਾਤ ਮਾਇਆ (ਦੇ ਮੋਹ) ਵਿਚ ਮਸਤ ਰਹਿੰਦਾ ਹੈ? ॥੧॥ ਰਹਾਉ ॥
9456	219	ਪੂਤ ਮੀਤ ਮਾਇਆ ਮਮਤਾ ਸਿਉ ਇਹ ਬਿਧਿ ਆਪੁ ਬੰਧਾਵੈ॥		Pooth Meeth Maaeiaa Mamathaa Sio Eih Bidhh Aap Bandhhaavai ||	In this way, they bind themselves to children, friends, Maya and possessiveness.	(ਹੇ ਭਾਈ! ਮਾਇਆ ਦੇ ਮੋਹ ਵਿਚ ਮਸਤ ਰਹਿਣ ਵਾਲਾ ਮਨੁੱਖ) ਪੁੱਤਰ ਮਿੱਤਰ ਮਾਇਆ (ਆਦਿਕ) ਦੀ ਅਪਣੱਤ ਨਾਲ ਬੱਝਾ ਰਹਿੰਦਾ ਹੈ, ਤੇ ਇਸ ਤਰ੍ਹਾਂ ਆਪਣੇ ਆਪ ਨੂੰ (ਮੋਹ ਦੇ ਬੰਧਨਾਂ ਵਿਚ) ਬੰਨ੍ਹੀ ਰੱਖਦਾ ਹੈ।

9457	219	ਮ੍ਰਿਗ ਤ੍ਰਿਸਨਾ ਜਿਉ ਝੂਠੋ ਇਹ ਜਗ ਦੇਖਿ ਤਾਸਿ ਉਠਿ ਧਾਵੈ॥੧॥	(ਧਾਵੈ) ਦੌੜਦਾ। ਜੱਗ	Mrig Thrisanaa Jio Jhootho Eihu Jag Dhaekh Thaas Outh Dhhaavai ||1||	Like the deer's delusion, this world is false; and yet, beholding it, they chase after it. ||1||	(ਮਾਇਆ-ਗ੍ਰਸਿਆ ਮਨੁੱਖ ਇਹ ਨਹੀਂ ਸਮਝਦਾ ਕਿ) ਇਹ ਜਗਤ (ਤਾਂ) ਠਗ-ਨੀਰੇ ਵਾਂਗ (ਠੱਗੀ ਹੀ ਠੱਗੀ ਹੈ, ਜਿਵੇਂ ਹਰਨ ਠਗਨੀਰੇ ਨੂੰ ਵੇਖ ਕੇ ਉਸ ਵਲ ਦੌੜਦਾ ਤੇ ਭਟਕ ਭਟਕ ਕੇ ਮਰਦਾ ਹੈ, ਤਿਵੇਂ ਮਨੁੱਖ ਇਸ ਜਗਤ ਨੂੰ) ਵੇਖ ਕੇ ਇਸ ਵਲ (ਸਦਾ) ਦੌੜਦਾ ਰਹਿੰਦਾ ਹੈ (ਤੇ ਆਤਮਕ ਮੌਤ ਸਹੇੜਦਾ ਹੈ) ॥੧॥
9458	219	ਭੁਗਤਿ ਮੁਕਤਿ ਕਾ ਕਾਰਨੁ ਸੁਆਮੀ ਮੂੜ ਤਾਹਿ ਬਿਸਰਾਵੈ॥	(ਭੁਗਤਿ) ਦੁਨਿਆਵੀ ਭੋਗ ਪਦਾਰਥ। (ਮੁਕਤਿ) ਮੁਕਤੀ। (ਮੂੜ) ਮੂਰਖ। (ਬਿਸਰਾਵੈ) ਭੁੱਲਿਆ	Bhugath Mukath Kaa Kaaran Suaamee Moorr Thaahi Bisaraavai ||	Our Lord and Master is the source of pleasures and liberation; and yet, the fool forgets Him.	ਮੂਰਖ ਮਨੁੱਖ ਉਸ ਮਾਲਕ-ਪ੍ਰਭੂ ਨੂੰ ਭੁਲਾਈ ਰੱਖਦਾ ਹੈ ਜੇਹੜਾ ਦੁਨੀਆ ਦੇ ਭੋਗਾਂ ਤੇ ਸੁਖਾਂ ਦਾ ਭੀ ਮਾਲਕ ਹੈ ਤੇ ਜੇਹੜਾ ਮੋਖ ਭੀ ਦੇਣ ਵਾਲਾ ਹੈ।
9459	219	ਜਨ ਨਾਨਕ ਕੋਟਨ ਮੈ ਕੋਊ ਭਜਨੁ ਰਾਮ ਕੋ ਪਾਵੈ॥੨॥੩॥		Jan Naanak Kottan Mai Kooo Bhajan Raam Ko Paavai ||2||3||	O servant Nanak, among millions, there is scarcely anyone who attains the Lord's meditation. ||2||3||	ਹੇ ਦਾਸ ਨਾਨਕ! (ਆਖ-) ਕ੍ਰੋੜਾਂ ਵਿਚੋਂ ਕੋਈ ਵਿਰਲਾ ਮਨੁੱਖ ਹੁੰਦਾ ਹੈ ਜੇਹੜਾ (ਜਗਤ ਠਗ-ਨੀਰੇ ਦੇ ਮੋਹ ਤੋਂ ਬਚ ਕੇ) ਪਰਮਾਤਮਾ ਦੀ ਭਗਤੀ ਪ੍ਰਾਪਤ ਕਰਦਾ ਹੈ ॥੨॥੩॥
9460	219	ਗਉੜੀ ਮਹਲਾ ੯॥		Gourree Mehalaa 9 ||	Gauree, Ninth Mehl:	

9461	219	ਸਾਧੋ ਇਹੁ ਮਨੁ ਗਹਿਓ ਨ ਜਾਈ॥	(ਗਹਿਓ) ਫੜਿਆ	Saadhho Eihu Man Gehiou N Jaaee ||	Holy Saadhus: this mind cannot be restrained.	ਹੇ ਸੰਤ ਜਨੋ! ਇਹ ਮਨ ਵੱਸ ਵਿਚ ਕੀਤਾ ਨਹੀਂ ਜਾ ਸਕਦਾ,
9462	219	ਚੰਚਲ ਤ੍ਰਿਸਨਾ ਸੰਗਿ ਬਸਤੁ ਹੈ ਯਾ ਤੇ ਥਿਰੁ ਨ ਰਹਾਈ॥੧॥ਰਹਾਉ॥		Chanchal Thrisanaa Sang Basath Hai Yaa Thae Thhir N Rehaaee ||1|| Rehaao ||	Fickle desires dwell with it, and so it cannot remain steady. ||1||Pause||	(ਕਿਉਂਕਿ ਇਹ ਮਨ ਸਦਾ) ਅਨੇਕਾਂ ਹਾਵ-ਭਾਵ ਕਰਨ ਵਾਲੀ ਤ੍ਰਿਸ਼ਨਾ ਨਾਲ ਵੱਸਦਾ ਰਹਿੰਦਾ ਹੈ, ਇਸ ਵਾਸਤੇ ਇਹ ਕਦੇ ਟਿਕ ਕੇ ਨਹੀਂ ਰਹਿੰਦਾ ॥੧॥ ਰਹਾਉ ॥
9463	219	ਕਠਨ ਕਰੋਧ ਘਟ ਹੀ ਕੇ ਭੀਤਰਿ ਜਿਹ ਸੁਧਿ ਸਭ ਬਿਸਰਾਈ॥	(ਕਠਨ) ਬੇਰਹਿਮ। (ਘਟ) ਹਿਰਦੇ। (ਸੁਧਿ) ਹੋਸ਼। (ਭੀਤਰਿ) ਅੰਦਰ	Kathan Karodhh Ghatt Hee Kae Bheethar Jih Sudhh Sabh Bisaraaee ||	The heart is filled with anger and violence, which cause all sense to be forgotten.	(ਹੇ ਸੰਤ ਜਨੋ!) ਵੱਸ ਵਿਚ ਨਾਹ ਆ ਸਕਣ ਵਾਲਾ ਕ੍ਰੋਧ ਭੀ ਇਸ ਹਿਰਦੇ ਵਿਚ ਹੀ ਵੱਸਦਾ ਹੈ, ਜਿਸ ਨੇ (ਮਨੁੱਖ ਨੂੰ ਭਲੇ ਪਾਸੇ ਦੀ) ਸਾਰੀ ਹੋਸ਼ ਭੁਲਾ ਦਿੱਤੀ ਹੈ।
9464	219	ਰਤਨੁ ਗਿਆਨੁ ਸਭ ਕੋ ਹਿਰਿ ਲੀਨਾ ਤਾ ਸਿਉ ਕਛੁ ਨ ਬਸਾਈ॥੧॥	(ਹਿਰਿ) ਚੁਰਾ (ਲੀਨਾ) ਲਿਆ। (ਬਸਾਈ) ਜ਼ੋਰ, ਵੱਸ	Rathan Giaan Sabh Ko Hir Leenaa Thaa Sio Kashh N Basaaee ||1||	The jewel of spiritual wisdom has been taken away from everyone; nothing can withstand it. ||1||	(ਕ੍ਰੋਧ ਨੇ) ਹਰੇਕ ਮਨੁੱਖ ਦਾ ਸ੍ਰੇਸ਼ਟ ਗਿਆਨ ਚੁਰਾ ਲਿਆ ਹੈ, ਉਸ ਨਾਲ ਕਿਸੇ ਦੀ ਕੋਈ ਪੇਸ਼ ਨਹੀਂ ਜਾਂਦੀ ॥੧॥

9465	219	ਜੋਗੀ ਜਤਨ ਕਰਤ ਸਭਿ ਹਾਰੇ ਗੁਨੀ ਰਹੇ ਗੁਨ ਗਾਈ॥		Jogee Jathan Karath Sabh Haarae Gunee Rehae Gun Gaaee ||	The Yogis have tried everything and failed; the virtuous have grown weary of singing God's Glories.	ਸਾਰੇ ਜੋਗੀ (ਇਸ ਮਨ ਨੂੰ ਕਾਬੂ ਕਰਨ ਦੇ) ਜਤਨ ਕਰਦੇ ਕਰਦੇ ਥੱਕ ਗਏ, ਵਿਦਵਾਨ ਮਨੁੱਖ ਆਪਣੀ ਵਿੱਦਿਆ ਦੀਆਂ ਵਡਿਆਈਆਂ ਕਰਦੇ ਥੱਕ ਗਏ (ਨਾਹ ਜੋਗ-ਸਾਧਨ, ਨਾਹ ਵਿੱਦਿਆ-ਮਨ ਨੂੰ ਕੋਈ ਭੀ ਵੱਸ ਵਿਚ ਲਿਆਉਣ ਦੇ ਸਮਰੱਥ ਨਹੀਂ)।
9466	219	ਜਨ ਨਾਨਕ ਹਰਿ ਭਏ ਦਇਆਲਾ ਤਉ ਸਭ ਬਿਧਿ ਬਨਿ ਆਈ॥੨॥੪॥		Jan Naanak Har Bheae Dhaeiaalaa Tho Sabh Bidhh Ban Aaee ||2||4||	O servant Nanak, when the Lord becomes merciful, then every effort is successful. ||2||4||	ਹੇ ਦਾਸ ਨਾਨਕ! ਜਦੋਂ ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਤਾਂ (ਇਸ ਮਨ ਨੂੰ ਕਾਬੂ ਵਿਚ ਰੱਖਣ ਦੇ) ਸਾਰੇ ਢੋ ਢੁਕ ਪੈਂਦੇ ਹਨ ॥੨॥੪॥
9467	219	ਗਉੜੀ ਮਹਲਾ ੯॥		Gourree Mehalaa 9 ||	Gauree, Ninth Mehl:	
9468	219	ਸਾਧੋ ਗੋਬਿੰਦ ਕੇ ਗੁਨ ਗਾਵਉ॥		Saadhho Gobindh Kae Gun Gaavo ||	Holy Saadhus: sing the Glorious Praises of the Lord of the Universe.	ਹੇ ਸੰਤ ਜਨੋ! (ਸਦਾ) ਗੋਬਿੰਦ ਦੇ ਗੁਣ ਗਾਂਦੇ ਰਿਹਾ ਕਰੋ।

9469	219	ਮਾਨਸ ਜਨਮੁ ਅਮੋਲਕੁ ਪਾਇਓ ਬਿਰਥਾ ਕਾਹਿ ਗਵਾਵਉ॥੧॥ਰਹਾਉ ॥	(ਬਿਰਥਾ) ਬਿਅਰਥ	Maanas Janam Amolak Paaeiou Birathhaa Kaahi Gavaavo ||1|| Rehaao ||	You have obtained the priceless jewel of this human life; why are you uselessly wasting it? ||1||Pause||	ਇਹ ਬੜਾ ਕੀਮਤੀ ਮਨੁੱਖਾ ਜਨਮ ਮਿਲਿਆ ਹੈ, ਇਸ ਨੂੰ ਅਜਾਈਂ ਕਿਉਂ ਗਵਾਂਦੇ ਹੋ? ॥੧॥ ਰਹਾਉ ॥
9470	219	ਪਤਿਤ ਪੁਨੀਤ ਦੀਨ ਬੰਧ ਹਰਿ ਸਰਨਿ ਤਾਹਿ ਤੁਮ ਆਵਉ॥	(ਦੀਨ) ਗ਼ੀਬਾਂ ਦੇ (ਬੰਧ) ਸਬੰਧੀ	Pathith Puneeth Dheen Bandhh Har Saran Thaahi Thum Aavo ||	He is the Purifier of sinners, the Friend of the poor. Come, and enter the Lord's Sanctuary.	(ਹੇ ਸੰਤ ਜਨੋ!) ਪਰਮਾਤਮਾ ਉਹਨਾਂ ਬੰਦਿਆਂ ਨੂੰ ਭੀ ਪਵਿਤ੍ਰ ਕਰਨ ਵਾਲਾ ਹੈ ਜੇਹੜੇ ਵਿਕਾਰਾਂ ਵਿਚ ਡਿੱਗੇ ਹੋਏ ਹੁੰਦੇ ਹਨ, ਉਹ ਹਰੀ ਗਰੀਬਾਂ ਦਾ ਸਹਾਈ ਹੈ। ਤੁਸੀ ਭੀ ਉਸੇ ਦੀ ਸਰਨ ਪਵੋ।
9471	219	ਗਜ ਕੋ ਤ੍ਰਾਸੁ ਮਿਟਿਓ ਜਿਹ ਸਿਮਰਤ ਤੁਮ ਕਾਹੇ ਬਿਸਰਾਵਉ॥੧॥	ਗਜ:ਪੋਲਾ ਬੋਲੋ। (ਗਜ) ਹਾਥੀ। (ਤ੍ਰਾਸੁ) ਡਰ। (ਬਿਸਰਾਵਉ) ਭੁੱਲਾਉਂਦੇ	Gaj Ko Thraas Mittiou Jih Simarath Thum Kaahae Bisaraavo ||1||	Remembering Him, the elephant's fear was removed; so why do you forget Him? ||1||	ਜਿਸ ਦਾ ਸਿਮਰਨ ਕਰ ਕੇ ਹਾਥੀ ਦਾ ਡਰ ਮਿਟ ਗਿਆ ਸੀ, ਤੁਸੀ ਉਸ ਨੂੰ ਕਿਉਂ ਭੁਲਾ ਰਹੇ ਹੋ? ॥੧॥
9472	219	ਤਜਿ ਅਭਿਮਾਨੁ ਮੋਹ ਮਾਇਆ ਫੁਨਿ ਭਜਨ ਰਾਮ ਚਿਤੁ ਲਾਵਉ॥	(ਫੁਨਿ) ਅਤੇ	Thaj Abhimaan Moh Maaeiaa Fun Bhajan Raam Chith Laavo ||	Renounce your egotistical pride and your emotional attachment to Maya; focus your consciousness on the Lord's meditation.	(ਹੇ ਸੰਤ ਜਨੋ!) ਅਹੰਕਾਰ ਦੂਰ ਕਰ ਕੇ ਅਤੇ ਮਾਇਆ ਦਾ ਮੋਹ ਦੂਰ ਕਰ ਕੇ ਆਪਣਾ ਚਿੱਤ ਪਰਮਾਤਮਾ ਦੇ ਭਜਨ ਵਿਚ ਜੋੜੀ ਰੱਖੋ।

9473	219	ਨਾਨਕ ਕਹਤ ਮੁਕਤਿ ਪੰਥ ਇਹੁ ਗੁਰਮੁਖਿ ਹੋਇ ਤੁਮ ਪਾਵਉ॥੨॥੫॥		Naanak Kehath Mukath Panthh Eihu Guramukh Hoe Thum Paavo ||2||5||	Says Nanak, this is the path to liberation. Become Gurmukh, and attain it. ||2||5||	ਨਾਨਕ ਆਖਦਾ ਹੈ-ਵਿਕਾਰਾਂ ਤੋਂ ਖ਼ਲਾਸੀ ਪ੍ਰਾਪਤ ਕਰਨ ਦਾ ਇਹੀ ਰਸਤਾ ਹੈ, ਪਰ ਗੁਰੂ ਦੀ ਸਰਨ ਪੈ ਕੇ ਹੀ ਤੁਸੀ ਇਹ ਰਸਤਾ ਲੱਭ ਸਕੋਗੇ ॥੨॥੫॥
9474	219	ਗਉੜੀ ਮਹਲਾ ੯॥		Gourree Mehalaa 9 ||	Gauree, Ninth Mehl:	
9475	219	ਕੋਊ ਮਾਈ ਭੂਲਿਓ ਮਨੁ ਸਮਝਾਵੈ॥		Kooo Maaee Bhooliou Man Samajhaavai ||	O mother, if only someone would instruct my wayward mind.	ਹੇ (ਮੇਰੀ) ਮਾਂ! (ਮਾਇਆ ਦੇ ਮੋਹ ਨਾਲ ਨਕਾ-ਨਕ ਭਰੇ ਹੋਏ ਸੰਸਾਰ-ਜੰਗਲ ਵਿਚ ਮੇਰਾ ਮਨ ਕੁਰਾਹੇ ਪੈ ਗਿਆ ਹੈ, ਮੈਨੂੰ) ਕੋਈ (ਐਸਾ ਗੁਰਮੁਖ ਮਿਲ ਪਵੇ ਜੇਹੜਾ ਮੇਰੇ ਇਸ) ਕੁਰਾਹੇ ਪਏ ਹੋਏ ਮਨ ਨੂੰ ਮਤਿ ਦੇਵੇ।
9476	220	ਬੇਦ ਪੁਰਾਨ ਸਾਧ ਮਗ ਸੁਨਿ ਕਰਿ ਨਿਮਖ ਨ ਹਰਿ ਗੁਨ ਗਾਵੈ॥੧॥ਰਹਾਉ॥	ਮਗ:ਪੋਲਾ ਬੋਲੋ। (ਮਗ) ਪ੍ਰੇਮਾ ਭਗਤੀ ਦਾ ਰਸਤਾ	Baedh Puraan Saadhh Mag Sun Kar Nimakh N Har Gun Gaavai ||1|| Rehaao ||	This mind listens to the Vedas, the Puraanas, and the ways of the Holy Saints, but it does not sing the Glorious Praises of the Lord, for even an instant. ||1||Pause||	(ਇਹ ਭੁੱਲਿਆ ਮਨ) ਵੇਦ ਪੁਰਾਣ (ਆਦਿਕ ਧਰਮ-ਪੁਸਤਕਾਂ ਅਤੇ) ਸੰਤ ਜਨਾਂ ਦੇ ਉਪਦੇਸ਼ ਸੁਣ ਕੇ ਰਤਾ ਭਰ ਸਮੇ ਲਈ ਭੀ ਪਰਮਾਤਮਾ ਦੇ ਗੁਣ ਨਹੀਂ ਗਾਂਦਾ ॥੧॥ ਰਹਾਉ ॥

9477	220	ਦੁਰਲਭ ਦੇਹ ਪਾਇ ਮਾਨਸ ਕੀ ਬਿਰਥਾ ਜਨਮੁ ਸਿਰਾਵੈ॥	(ਸਿਰਾਵੈ) ਬਤੀਤ ਕਰਦਾ। ਦੁਰ-ਲਭ	Dhuralabh Dhaeh Paae Maanas Kee Birathhaa Janam Siraavai ||	Having obtained this human body, so very difficult to obtain, it is now being uselessly wasted.	(ਹੇ ਮੇਰੀ ਮਾਂ! ਇਹ ਮਨ ਅਜਿਹਾ ਕੁਰਾਹੇ ਪਿਆ ਹੋਇਆ ਹੈ ਕਿ) ਬੜੀ ਮੁਸ਼ਕਲ ਨਾਲ ਮਿਲ ਸਕਣ ਵਾਲਾ ਮਨੁੱਖਾ ਸਰੀਰ ਪ੍ਰਾਪਤ ਕਰ ਕੇ (ਭੀ) ਇਸ ਜਨਮ ਨੂੰ ਵਿਅਰਥ ਗੁਜ਼ਾਰ ਰਿਹਾ ਹੈ।
9478	220	ਮਾਇਆ ਮੋਹ ਮਹਾ ਸੰਕਟ ਬਨ ਤਾ ਸਿਉ ਰੁਚ ਉਪਜਾਵੈ॥੧॥	(ਬਨ) ਜੰਗਲ। (ਰੁਚ) ਪ੍ਰੀਤ	Maaeiaa Moh Mehaa Sankatt Ban Thaa Sio Ruch Oupajaavai ||1||	Emotional attachment to Maya is such a treacherous wilderness, and yet, people are in love with it. ||1||	(ਹੇ ਮਾਂ! ਇਹ ਸੰਸਾਰ) ਜੰਗਲ ਮਾਇਆ ਦੇ ਮੋਹ ਨਾਲ ਨਕਾ-ਨਕ ਭਰਿਆ ਪਿਆ ਹੈ (ਤੇ ਮੇਰਾ ਮਨ) ਇਸ (ਜੰਗਲ ਨਾਲ ਹੀ) ਪ੍ਰੇਮ ਬਣਾ ਰਿਹਾ ਹੈ ॥੧॥
9479	220	ਅੰਤਰਿ ਬਾਹਰਿ ਸਦਾ ਸੰਗਿ ਪ੍ਰਭੁ ਤਾ ਸਿਉ ਨੇਹੁ ਨ ਲਾਵੈ॥		Anthar Baahar Sadhaa Sang Prabh Thaa Sio Naehu N Laavai ||	Inwardly and outwardly, God is always with them, and yet, they do not enshrine Love for Him.	(ਹੇ ਮੇਰੀ ਮਾਂ! ਜੇਹੜਾ) ਪਰਮਾਤਮਾ (ਹਰੇਕ ਜੀਵ ਦੇ) ਅੰਦਰ ਤੇ ਬਾਹਰ ਹਰ ਵੇਲੇ ਵੱਸਦਾ ਹੈ ਉਸ ਨਾਲ (ਇਹ ਮੇਰਾ ਮਨ) ਪਿਆਰ ਨਹੀਂ ਪਾਂਦਾ।
9480	220	ਨਾਨਕ ਮੁਕਤਿ ਤਾਹਿ ਤੁਮ ਮਾਨਹੁ ਜਿਹ ਘਟਿ ਰਾਮੁ ਸਮਾਵੈ॥੨॥੬॥		Naanak Mukath Thaahi Thum Maanahu Jih Ghatt Raam Samaavai ||2||6||	O Nanak, know that those whose hearts are filled with the Lord are liberated. ||2||6||	ਹੇ ਨਾਨਕ! (ਆਖ-ਮਾਇਆ ਦੇ ਮੋਹ ਨਾਲ ਭਰਪੂਰ ਸੰਸਾਰ-ਜੰਗਲ ਵਿਚੋਂ) ਖ਼ਲਾਸੀ ਤੁਸੀ ਉਸੇ ਮਨੁੱਖ ਨੂੰ (ਮਿਲੀ) ਸਮਝੋ ਜਿਸ ਦੇ ਹਿਰਦੇ ਵਿਚ ਪਰਮਾਤਮਾ ਵੱਸ ਰਿਹਾ ਹੈ ॥੨॥੬॥
9481	220	ਗਉੜੀ ਮਹਲਾ ੯॥		Gourree Mehalaa 9 ||	Gauree, Ninth Mehl:	

9482	220	ਸਾਧੋ ਰਾਮ ਸਰਨਿ ਬਿਸਰਾਮਾ॥	(ਬਿਸਰਾਮਾ) ਟਿਕਾਉ	Saadhho Raam Saran Bisaraamaa ||	Holy Saadhus: rest and peace are in the Sanctuary of the Lord.	ਹੇ ਸੰਤ ਜਨੋ! ਪਰਮਾਤਮਾ ਦੀ ਸਰਨ ਪਿਆਂ ਹੀ (ਵਿਕਾਰਾਂ ਵਿਚ ਭਟਕਣ ਵਲੋਂ) ਸ਼ਾਂਤੀ ਪ੍ਰਾਪਤ ਹੁੰਦੀ ਹੈ।
9483	220	ਬੇਦ ਪੁਰਾਨ ਪੜੇ ਕੋ ਇਹ ਗੁਨ ਸਿਮਰੇ ਹਰਿ ਕੋ ਨਾਮਾ॥੧॥ਰਹਾਉ॥	ਪੜ੍ਹੇ	Baedh Puraan Parrae Ko Eih Gun Simarae Har Ko Naamaa ||1|| Rehaao ||	This is the blessing of studying the Vedas and the Puraanas, that you may meditate on the Name of the Lord. ||1||Pause||	ਵੇਦ ਪੁਰਾਣ (ਆਦਿਕ ਧਰਮ-ਪੁਸਤਕਾਂ) ਪੜ੍ਹਨ ਦਾ ਇਹੀ ਲਾਭ (ਹੋਣਾ ਚਾਹੀਦਾ) ਹੈ ਕਿ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਰਹੇ ॥੧॥ ਰਹਾਉ ॥
9484	220	ਲੋਭ ਮੋਹ ਮਾਇਆ ਮਮਤਾ ਫੁਨਿ ਅਉ ਬਿਖਅਨ ਕੀ ਸੇਵਾ॥	(ਫੁਨਿ) ਮੁੜ ਮੁੜ। (ਅਉ) ਅਤੇ। (ਬਿਖ-ਅਨ) ਵਿਸ਼ੇ। ਖ ਮੁਕਤਾ ਬੋਲੋ ਬਿਖ-ਅਨ	Lobh Moh Maaeiaa Mamathaa Fun Ao Bikhian Kee Saevaa ||	Greed, emotional attachment to Maya, possessiveness, the service of evil, pleasure and pain -	(ਹੇ ਸੰਤ ਜਨੋ!) ਲੋਭ, ਮਾਇਆ ਦਾ ਮੋਹ, ਅਪਣੱਤ ਅਤੇ ਵਿਸ਼ਿਆਂ ਦਾ ਸੇਵਨ,
9485	220	ਹਰਖ ਸੋਗ ਪਰਸੈ ਜਿਹ ਨਾਹਨਿ ਸੋ ਮੂਰਤਿ ਹੈ ਦੇਵਾ॥੧॥	(ਦੇਵਾ) ਵਾਹਿਗੁਰੂ ਜੀ। ਨਾ-ਹਨਿ	Harakh Sog Parasai Jih Naahan So Moorath Hai Dhaevaa ||1||	Those who are not touched by these, are the very embodiment of the Divine Lord. ||1||	ਖ਼ੁਸ਼ੀ, ਗ਼ਮੀ-(ਇਹਨਾਂ ਵਿਚੋਂ ਕੋਈ ਭੀ) ਜਿਸ ਮਨੁੱਖ ਨੂੰ ਛੂਹ ਨਹੀਂ ਸਕਦਾ (ਜਿਸ ਮਨੁੱਖ ਉਤੇ ਆਪਣਾ ਜ਼ੋਰ ਨਹੀਂ ਪਾ ਸਕਦਾ) ਉਹ ਮਨੁੱਖ ਪਰਮਾਤਮਾ ਦਾ ਰੂਪ ਹੈ ॥੧॥

9486	220	ਸੁਰਗ ਨਰਕ ਅੰਮ੍ਰਿਤ ਬਿਖੁ ਏ ਸਭ ਤਿਉ ਕੰਚਨ ਅਰੁ ਪੈਸਾ॥		Surag Narak Anmrith Bikh Eae Sabh Thio Kanchan Ar Paisaa ||	Heaven and hell, ambrosial nectar and poison, gold and copper - these are all alike to them.	(ਹੇ ਸੰਤ ਜਨੋ! ਉਹ ਮਨੁੱਖ ਪਰਮਾਤਮਾ ਦਾ ਰੂਪ ਹੈ ਜਿਸ ਨੂੰ) ਸੁਰਗ ਅਤੇ ਨਰਕ ਅੰਮ੍ਰਿਤ ਅਤੇ ਜ਼ਹਰ ਇਕੋ ਜਿਹੇ ਜਾਪਦੇ ਹਨ, ਜਿਸ ਨੂੰ ਸੋਨਾ ਅਤੇ ਤਾਂਬਾ ਇਕ ਸਮਾਨ ਪ੍ਰਤੀਤ ਹੁੰਦਾ ਹੈ,
9487	220	ਉਸਤਤਿ ਨਿੰਦਾ ਏ ਸਮ ਜਾ ਕੈ ਲੋਭੁ ਮੋਹੁ ਫੁਨਿ ਤੈਸਾ॥੨॥	(ਫੁਨਿ) ਭੀ	Ousathath Nindhaa Eae Sam Jaa Kai Lobh Mohu Fun Thaisaa ||2||	Praise and slander are all the same to them, as are greed and attachment. ||2||	ਜਿਸ ਦੇ ਹਿਰਦੇ ਵਿਚ ਉਸਤਤਿ ਤੇ ਨਿੰਦਾ ਭੀ ਇਕੋ ਜਿਹੇ ਹਨ (ਕੋਈ ਉਸ ਦੀ ਵਡਿਆਈ ਕਰੇ, ਕੋਈ ਉਸ ਦੀ ਨਿੰਦਾ ਕਰੇ-ਉਸ ਨੂੰ ਇਕ ਸਮਾਨ ਹਨ), ਜਿਸ ਦੇ ਹਿਰਦੇ ਵਿਚ ਲੋਭ ਭੀ ਪ੍ਰਭਾਵ ਨਹੀਂ ਪਾ ਸਕਦਾ, ਮੋਹ ਭੀ ਪ੍ਰਭਾਵ ਨਹੀਂ ਪਾ ਸਕਦਾ ॥੨॥
9488	220	ਦੁਖੁ ਸੁਖੁ ਏ ਬਾਧੇ ਜਿਹ ਨਾਹਨਿ ਤਿਹ ਤੁਮ ਜਾਨਹੁ ਗਿਆਨੀ॥		Dhukh Sukh Eae Baadhhae Jih Naahan Thih Thum Jaano Giaanee ||	They are not bound by pleasure and pain - know that they are truly wise.	(ਹੇ ਸੰਤ ਜਨੋ!) ਤੁਸੀ ਉਸ ਮਨੁੱਖ ਨੂੰ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਰੱਖਣ ਵਾਲਾ ਸਮਝੋ, ਜਿਸ ਨੂੰ ਨਾਹ ਕੋਈ ਦੁੱਖ ਤੇ ਨਾਹ ਕੋਈ ਸੁਖ (ਆਪਣੇ ਪ੍ਰਭਾਵ ਵਿਚ) ਬੰਨ੍ਹ ਨਹੀਂ ਸਕਦਾ।

9489	220	ਨਾਨਕ ਮੁਕਤਿ ਤਾਹਿ ਤੁਮ ਮਾਨਉ ਇਹ ਬਿਧਿ ਕੋ ਜੋ ਪ੍ਰਾਨੀ॥੩॥੭॥		Naanak Mukath Thaahi Thum Maano Eih Bidhh Ko Jo Praanee ||3||7||	O Nanak, recognize those mortal beings as liberated, who live this way of life. ||3||7||	ਹੇ ਨਾਨਕ! (ਆਖ-ਹੇ ਸੰਤ ਜਨੋ! ਲੋਭ, ਮੋਹ, ਦੁਖ ਸੁਖ ਆਦਿਕ ਤੋਂ) ਖ਼ਲਾਸੀ ਉਸ ਮਨੁੱਖ ਨੂੰ (ਮਿਲੀ) ਮੰਨੋ, ਜੇਹੜਾ ਮਨੁੱਖ ਇਸ ਕਿਸਮ ਦੀ ਜੀਵਨ-ਜੁਗਤਿ ਵਾਲਾ ਹੈ ॥੩॥੭॥
9490	220	ਗਉੜੀ ਮਹਲਾ ੯॥		Gourree Mehalaa 9 ||	Gauree, Ninth Mehl:	
9491	220	ਮਨ ਰੇ ਕਹਾ ਭਇਓ ਤੈ ਬਉਰਾ॥		Man Rae Kehaa Bhaeiou Thai Bouraa ||	O mind, why have you gone crazy?	ਹੇ (ਮੇਰੇ) ਮਨ! ਤੂੰ ਕਿੱਥੇ (ਲੋਭ ਆਦਿਕ ਵਿਚ ਫਸ ਕੇ) ਪਾਗਲ ਹੋ ਰਿਹਾ ਹੈਂ?
9492	220	ਅਹਿ ਨਿਸਿ ਅਉਧ ਘਟੈ ਨਹੀ ਜਾਨੈ ਭਇਓ ਲੋਭ ਸੰਗਿ ਹਉਰਾ॥੧॥ਰਹਾਉ॥		Ahinis Aoudhh Ghattai Nehee Jaanai Bhaeiou Lobh Sang Houraa ||1|| Rehaao ||	Don't you know that your life is decreasing, day and night? Your life is made worthless with greed. ||1||Pause||	(ਹੇ ਭਾਈ!) ਦਿਨ ਰਾਤ ਉਮਰ ਘਟਦੀ ਰਹਿੰਦੀ ਹੈ, ਪਰ ਮਨੁੱਖ ਇਹ ਗੱਲ ਸਮਝਦਾ ਨਹੀਂ ਤੇ ਲੋਭ ਵਿਚ ਫਸ ਕੇ ਕਮਜ਼ੋਰ ਆਤਮਕ ਜੀਵਨ ਵਾਲਾ ਬਣਦਾ ਜਾਂਦਾ ਹੈ ॥੧॥ ਰਹਾਉ ॥
9493	220	ਜੋ ਤਨੁ ਤੈ ਅਪਨੋ ਕਰਿ ਮਾਨਿਓ ਅਰੁ ਸੁੰਦਰ ਗ੍ਰਿਹ ਨਾਰੀ॥	ਗ੍ਰਿ ਹ	Jo Than Thai Apano Kar Maaniou Ar Sundhar Grih Naaree ||	That body, which you believe to be your own, and your beautiful home and spouse	ਹੇ (ਮੇਰੇ) ਮਨ! ਜੇਹੜਾ (ਇਹ) ਸਰੀਰ ਤੂੰ ਆਪਣਾ ਕਰ ਕੇ ਸਮਝ ਰਿਹਾ ਹੈਂ ਅਤੇ ਘਰ ਦੀ ਸੁੰਦਰ ਇਸਤ੍ਰੀ ਨੂੰ ਆਪਣੀ ਮੰਨ ਰਿਹਾ ਹੈਂ,

9494	220	ਇਨ ਮੈਂ ਕਛੁ ਤੇਰੋ ਰੇ ਨਾਹਨਿ ਦੇਖੋ ਸੋਚ ਬਿਚਾਰੀ॥੧॥	ਨਾਹ-ਨਿ	Ein Main Kashh Thaero Rae Naahan Dhaekho Soch Bichaaree ||1||	- none of these is yours to keep. See this, reflect upon it and understand. ||1||	ਇਹਨਾਂ ਵਿਚੋਂ ਕੋਈ ਭੀ ਤੇਰਾ (ਸਦਾ ਨਿਭਣ ਵਾਲਾ ਸਾਥੀ) ਨਹੀਂ ਹੈ, ਸੋਚ ਕੇ ਵੇਖ ਲੈ, ਵਿਚਾਰ ਕੇ ਵੇਖ ਲੈ ॥੧॥
9495	220	ਰਤਨ ਜਨਮੁ ਅਪਨੋ ਤੈ ਹਾਰਿਓ ਗੋਬਿੰਦ ਗਤਿ ਨਹੀ ਜਾਨੀ॥		Rathan Janam Apano Thai Haariou Gobindh Gath Nehee Jaanee ||	You have wasted the precious jewel of this human life; you do not know the Way of the Lord of the Universe.	ਹੇ (ਮੇਰੇ) ਮਨ! ਜਿਵੇਂ ਜੁਆਰੀਆ ਜੂਏ ਵਿਚ ਬਾਜ਼ੀ ਹਾਰਦਾ ਹੈ, ਤਿਵੇਂ) ਤੂੰ ਆਪਣਾ ਕੀਮਤੀ ਮਨੁੱਖਾ ਜਨਮ ਹਾਰ ਰਿਹਾ ਹੈਂ, ਕਿਉਂਕਿ ਤੂੰ ਪਰਮਾਤਮਾ ਨਾਲ ਮਿਲਾਪ ਦੀ ਅਵਸਥਾ ਦੀ ਕਦਰ ਨਹੀਂ ਪਾਈ।
9496	220	ਨਿਮਖ ਨ ਲੀਨ ਭਇਓ ਚਰਨਨ ਸਿੰਉ ਬਿਰਥਾ ਅਉਧ ਸਿਰਾਨੀ॥੨॥	(ਅਉਧ) ਉਮਰ	Nimakh N Leen Bhaeiou Charanan Sino Birathhaa Aoudhh Siraanee ||2||	You have not been absorbed in the Lord's Feet, even for an instant. Your life has passed away in vain! ||2||	ਤੂੰ ਰਤਾ ਭਰ ਸਮੇ ਲਈ ਭੀ ਗੋਬਿੰਦ-ਪ੍ਰਭੂ ਦੇ ਚਰਨਾਂ ਵਿਚ ਨਹੀਂ ਜੁੜਦਾ, ਤੂੰ ਵਿਅਰਥ ਉਮਰ ਗੁਜ਼ਾਰ ਰਿਹਾ ਹੈਂ ॥੨॥
9497	220	ਕਹੁ ਨਾਨਕ ਸੋਈ ਨਰੁ ਸੁਖੀਆ ਰਾਮ ਨਾਮ ਗੁਨ ਗਾਵੈ॥		Kahu Naanak Soee Nar Sukheeaa Raam Naam Gun Gaavai ||	Says Nanak, that man is happy, who sings the Glorious Praises of the Lord's Name.	ਨਾਨਕ ਆਖਦਾ ਹੈ- ਉਹੀ ਮਨੁੱਖ ਸੁਖੀ ਜੀਵਨ ਵਾਲਾ ਹੈ ਜੋ ਪਰਮਾਤਮਾ ਦਾ ਨਾਮ (ਜਪਦਾ ਹੈ, ਜੋ) ਪਰਮਾਤਮਾ ਦੇ ਗੁਣ ਗਾਂਦਾ ਹੈ।

9498	220	ਅਉਰ ਸਗਲ ਜਗੁ ਮਾਇਆ ਮੋਹਿਆ ਨਿਰਭੈ ਪਦੁ ਨਹੀ ਪਾਵੈ॥੩॥੮॥		Aour Sagal Jag Maaeiaa Mohiaa Nirabhai Padh Nehee Paavai ||3||8||	All the rest of the world is enticed by Maya; they do not obtain the state of fearless dignity. ||3||8||	ਬਾਕੀ ਦਾ ਸਾਰਾ ਜਹਾਨ (ਜੇਹੜਾ) ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ (ਉਹ ਸਹਿਮਿਆ ਰਹਿੰਦਾ ਹੈ, ਉਹ) ਉਸ ਆਤਮਕ ਅਵਸਥਾ ਉਤੇ ਨਹੀਂ ਪਹੁੰਚਦਾ, ਜਿਥੇ ਕੋਈ ਡਰ ਪੋਹ ਨਹੀਂ ਸਕਦਾ ॥੩॥੮॥
9499	220	ਗਉੜੀ ਮਹਲਾ ੯॥		Gourree Mehalaa 9 ||	Gauree, Ninth Mehl:	
9500	220	ਨਰ ਅਚੇਤ ਪਾਪ ਤੇ ਡਰੁ ਰੇ॥	(ਅਚੇਤ) ਜੋ ਕੰਮ ਚਿੱਤ ਚੇਤੇ ਨ ਹੋਵੇ	Nar Achaeth Paap Thae Ddar Rae ||	You people are unconscious; you should be afraid of sin.	ਹੇ ਗ਼ਾਫ਼ਿਲ ਮਨੁੱਖ! ਪਾਪਾਂ ਤੋਂ ਬਚਿਆ ਰਹੁ,
9501	220	ਦੀਨ ਦਇਆਲ ਸਗਲ ਭੈ ਭੰਜਨ ਸਰਨਿ ਤਾਹਿ ਤੁਮ ਪਰੁ ਰੇ॥੧॥ਰਹਾਉ॥		Dheen Dhaeiaal Sagal Bhai Bhanjan Saran Thaahi Thum Par Rae ||1|| Rehaao ||	Seek the Sanctuary of the Lord, Merciful to the meek, Destroyer of all fear. ||1||Pause||	(ਤੇ ਇਹਨਾਂ ਪਾਪਾਂ ਤੋਂ ਬਚਣ ਵਾਸਤੇ ਉਸ) ਪਰਮਾਤਮਾ ਦੀ ਸਰਨ ਪਿਆ ਰਹੁ, ਜੋ ਗ਼ਰੀਬਾਂ ਤੇ ਦਇਆ ਕਰਨ ਵਾਲਾ ਹੈ ਤੇ ਸਾਰੇ ਡਰ ਦੂਰ ਕਰਨ ਵਾਲਾ ਹੈ ॥੧॥ ਰਹਾਉ ॥
9502	220	ਬੇਦ ਪੁਰਾਨ ਜਾਸ ਗੁਨ ਗਾਵਤ ਤਾ ਕੋ ਨਾਮੁ ਹੀਐ ਮੋ ਧਰੁ ਰੇ॥	(ਜਾਸੁ) ਜਿਸ ਦੇ। (ਹੀਐ) ਹਿਰਦੇ (ਮੋ) ਵਿੱਚ	Baedh Puraan Jaas Gun Gaavath Thaa Ko Naam Heeai Mo Dhhar Rae ||	The Vedas and the Puraanas sing His Praises; enshrine His Name within your heart.	(ਹੇ ਗ਼ਾਫ਼ਿਲ ਮਨੁੱਖ!) ਉਸ ਪਰਮਾਤਮਾ ਦਾ ਨਾਮ ਆਪਣੇ ਨਾਮ ਹਿਰਦੇ ਵਿਚ ਪ੍ਰੋ ਰੱਖ, ਜਿਸ ਦੇ ਗੁਣ ਵੇਦ-ਪੁਰਾਣ (ਆਦਿਕ ਧਰਮ-ਪੁਸਤਕ) ਗਾ ਰਹੇ ਹਨ।

9503	220	ਪਾਵਨ ਨਾਮੁ ਜਗਤਿ ਮੈ ਹਰਿ ਕੋ ਸਿਮਰਿ ਸਿਮਰਿ ਕਸਮਲ ਸਭ ਹਰੁ ਰੇ॥੧॥	(:ਪੋਲਾ ਬੋਲੋ ਕਸ-ਮਲ) ਪਾਪ। (ਹਰੁ) ਦੂਰ ਕਰ। ਜੱਗ-ਤਿ	Paavan Naam Jagath Mai Har Ko Simar Simar Kasamal Sabh Har Rae ||1||	Pure and sublime is the Name of the Lord in the world. Remembering it in meditation, all sinful mistakes shall be washed away. ||1||	(ਹੇ ਗ਼ਾਫ਼ਲ ਮਨੁੱਖ! ਪਾਪਾਂ ਤੋਂ ਬਚਾ ਕੇ) ਪਵਿੱਤ੍ਰ ਕਰਨ ਵਾਲਾ ਜਗਤ ਵਿਚ ਪਰਮਾਤਮਾ ਦਾ ਨਾਮ (ਹੀ) ਹੈ, ਤੂੰ ਉਸ ਪਰਮਾਤਮਾ ਨੂੰ ਸਿਮਰ ਸਿਮਰ ਕੇ (ਆਪਣੇ ਅੰਦਰੋਂ) ਸਾਰੇ ਪਾਪ ਦੂਰ ਕਰ ਲੈ ॥੧॥
9504	220	ਮਾਨਸ ਦੇਹ ਬਹੁਰਿ ਨਹ ਪਾਵੈ ਕਛੂ ਉਪਾਉ ਮੁਕਤਿ ਕਾ ਕਰੁ ਰੇ॥		Maanas Dhaeh Bahur Neh Paavai Kashhoo Oupaao Mukath Kaa Kar Rae ||	You shall not obtain this human body again; make the effort - try to achieve liberation!	(ਹੇ ਗ਼ਾਫ਼ਿਲ ਮਨੁੱਖ) ਤੂੰ ਇਹ ਮਨੁੱਖਾ ਸਰੀਰ ਫਿਰ ਕਦੇ ਨਹੀਂ ਲੱਭ ਸਕੇਂਗਾ (ਇਸ ਨੂੰ ਕਿਉਂ ਪਾਪਾਂ ਵਿਚ ਲੱਗ ਕੇ ਗਵਾ ਰਿਹਾ ਹੈਂ? ਇਹੀ ਵੇਲਾ ਹੈ। ਇਹਨਾਂ ਪਾਪਾਂ ਤੋਂ) ਖ਼ਲਾਸੀ ਪ੍ਰਾਪਤ ਕਰਨ ਦਾ ਕੋਈ ਇਲਾਜ ਕਰ ਲੈ।
9505	220	ਨਾਨਕ ਕਹਤ ਗਾਇ ਕਰੁਨਾਮੈ ਭਵ ਸਾਗਰ ਕੈ ਪਾਰਿ ਉਤਰੁ ਰੇ॥੨॥੯॥੨੫੧॥	(ਕਰੁਨਾ-ਮੈ) ਦਇਆ ਦੇ ਸਰੂਪ ਵਾਹਿਗੁਰੂ ਜੀ। ਉੱਤ-ਰੁ	Naanak Kehath Gaae Karunaa Mai Bhav Saagar Kai Paar Outhar Rae ||2||9||251||	Says Nanak, sing of the Lord of compassion, and cross over the terrifying world-ocean. ||2||9||251||	ਤੈਨੂੰ ਨਾਨਕ ਆਖਦਾ ਹੈ-ਤਰਸ-ਰੂਪ ਪਰਮਾਤਮਾ ਦੇ ਗੁਣ ਗਾ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ॥੨॥੯॥੨੫੧॥
9506	220	ਰਾਗੁ ਗਉੜੀ ਅਸਟਪਦੀਆ ਮਹਲਾ ੧ ਗਉੜੀ ਗੁਆਰੇਰੀ	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Raag Gourree Asattapadheeaa Mehalaa 1 Gourree Guaaraeree	Raag Gauree, Ashtapadees, First Mehl: Gauree Gwaarayree:	ਰਾਗ ਗਉੜੀ-ਗੁਆਰੇਰੀ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।

9507	220	ੴ ਸਤਿਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ॥		Ik Oankaar Sathinaam Karathaa Purakh Gur Prasaadh ||	One Universal Creator God. Truth Is The Name. Creative Being Personified. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ, ਜੋ ਸ੍ਰਿਸ਼ਟੀ ਦਾ ਰਚਨਹਾਰ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
9508	220	ਨਿਧਿ ਸਿਧਿ ਨਿਰਮਲ ਨਾਮੁ ਬੀਚਾਰੁ॥	ਸਿੱਧਿ	Nidhh Sidhh Niramal Naam Beechaar ||	The nine treasures and the miraculous spiritual powers come by contemplating the Immaculate Naam, the Name of the Lord.	ਪਰਮਾਤਮਾ ਦਾ ਨਿਰਮਲ ਨਾਮ ਮੇਰੇ ਵਾਸਤੇ (ਆਤਮਕ) ਖ਼ਜ਼ਾਨਾ ਹੈ, ਪਰਮਾਤਮਾ ਦੇ ਗੁਣਾਂ ਦੀ ਵਿਚਾਰ ਹੀ ਮੇਰੇ ਵਾਸਤੇ (ਰਿੱਧੀਆਂ) ਸਿੱਧੀਆਂ ਹੈ।
9509	220	ਪੂਰਨ ਪੂਰਿ ਰਹਿਆ ਬਿਖੁ ਮਾਰਿ॥		Pooran Poor Rehiaa Bikh Maar ||	The Perfect Lord is All-pervading everywhere; He destroys the poison of Maya.	ਹੁਣ ਮੈਨੂੰ ਪਰਮਾਤਮਾ ਹਰ ਥਾਂ ਵਿਆਪਕ ਦਿੱਸ ਰਿਹਾ ਹੈ। ਮੈਂ ਮਾਇਆ ਦੇ ਜ਼ਹਰ ਨੂੰ (ਆਪਣੇ ਅੰਦਰੋਂ) ਮਾਰ ਲਿਆ ਹੈ।
9510	220	ਤ੍ਰਿਕੁਟੀ ਛੂਟੀ ਬਿਮਲ ਮਝਾਰਿ॥	(ਤ੍ਰਿਕੁਟੀ) ਤਿੰਨ ਗੁਣ, ਰਜੋ ਤਮੋ ਸਤੋ। (ਬਿਮਲ) ਨਿਰਮਲ ਵਾਹਿਗੁਰੂ ਜੀ। (ਮਝਾਰਿ) ਵਿੱਚ	Thrikuttee Shhoottee Bimal Majhaar ||	I am rid of the three-phased Maya, dwelling in the Pure Lord.	(ਉਸ ਮਤਿ ਦੀ ਬਰਕਤਿ ਨਾਲ) ਪਵਿਤ੍ਰ ਹਰਿ-ਨਾਮ ਵਿਚ ਲੀਨ ਰਹਿਣ ਕਰਕੇ ਮੇਰੀ ਅੰਦਰਲੀ ਖਿੱਝ ਮੁੱਕ ਗਈ ਹੈ।
9511	221	ਗੁਰ ਕੀ ਮਤਿ ਜੀਇ ਆਈ ਕਾਰਿ॥੧॥	(ਜੀਇ) ਹਿਰਦੇ। (ਕਾਰਿ) ਕੰਮ	Gur Kee Math Jeee Aaee Kaar ||1||	The Guru's Teachings are useful to my soul. ||1||	ਗੁਰੂ ਦੀ ਦਿੱਤੀ ਹੋਈ ਮਤਿ ਮੇਰੇ ਚਿੱਤ ਵਿਚ ਕਾਰੀ ਆ ਗਈ ਹੈ (ਲਾਭਵੰਦੀ ਹੋ ਗਈ ਹੈ) ॥੧॥

9512	221	ਇਨ ਬਿਧਿ ਰਾਮ ਰਮਤ ਮਨੁ ਮਾਨਿਆ॥	(ਰਮਤ) ਸਿਮਰਦਿਆਂ	Ein Bidhh Raam Ramath Man Maaniaa ||	Chanting the Lord's Name in this way, my mind is satisfied.	ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਮੇਰਾ ਮਨ (ਸਿਮਰਨ ਵਿਚ) ਇਸ ਤਰ੍ਹਾਂ ਗਿੱਝ ਗਿਆ ਹੈ ਕਿ ਹੁਣ ਸਿਮਰਨ ਤੋਂ ਬਿਨਾ ਰਹਿ ਹੀ ਨਹੀਂ ਸਕਦਾ।
9513	221	ਗਿਆਨ ਅੰਜਨੁ ਗੁਰ ਸਬਦਿ ਪਛਾਨਿਆ॥੧॥ਰਹਾਉ॥	(ਅੰਜਨੁ) ਸੁਰਮਾ	Giaan Anjan Gur Sabadh Pashhaaniaa ||1|| Rehaao ||	I have obtained the ointment of spiritual wisdom, recognizing the Word of the Guru's Shabad. ||1||Pause||	ਗੁਰੂ ਦੇ ਸ਼ਬਦ ਵਿਚ ਜੁੜ ਕੇ ਮੈਂ ਉਹ (ਆਤਮਕ) ਸੁਰਮਾ ਲੱਭ ਲਿਆ ਹੈ, ਜੋ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਦੇਂਦਾ ਹੈ ॥੧॥ ਰਹਾਉ ॥
9514	221	ਇਕੁ ਸੁਖੁ ਮਾਨਿਆ ਸਹਜਿ ਮਿਲਾਇਆ॥		Eik Sukh Maaniaa Sehaj Milaaeiaa ||	Blended with the One Lord, I enjoy intuitive peace.	(ਹੁਣ ਮੇਰਾ ਮਨ) ਮੰਨ ਗਿਆ ਹੈ ਕਿ ਇੱਕ (ਆਤਮਕ) ਸੁਖ (ਸਭ ਸੁਖਾਂ ਤੋਂ ਸ੍ਰੇਸ਼ਟ ਸੁਖ ਹੈ ਅਤੇ ਇਸ ਸੁੱਖ ਨੇ) ਮੈਨੂੰ ਸਹਜ ਅਵਸਥਾ ਵਿਚ ਮਿਲਾ ਦਿੱਤਾ ਹੈ।
9515	221	ਨਿਰਮਲ ਬਾਣੀ ਭਰਮੁ ਚੁਕਾਇਆ॥		Niramal Baanee Bharam Chukaaeiaa ||	Through the Immaculate Bani of the Word, my doubts have been dispelled.	(ਪਰਮਾਤਮਾ ਦੀ ਸਿਫ਼ਤ-ਸਾਲਾਹ ਵਾਲੀ) ਪਵਿਤ੍ਰ ਬਾਣੀ ਨੇ ਮੇਰੀ ਭਟਕਣਾ ਮੁਕਾ ਦਿੱਤੀ ਹੈ।
9516	221	ਲਾਲ ਭਏ ਸੂਹਾ ਰੰਗੁ ਮਾਇਆ॥		Laal Bheae Soohaa Rang Maaeiaa ||	Instead of the pale color of Maya, I am imbued with the deep crimson color of the Lord's Love.	(ਸਿਮਰਨ ਦੀ ਬਰਕਤਿ ਨਾਲ ਨਾਮ ਵਿਚ ਰੰਗੀਜ ਕੇ ਮੇਰਾ ਮਨ ਮਜੀਠ ਵਰਗੇ ਪੱਕੇ ਰੰਗ ਵਾਲਾ) ਲਾਲ ਹੋ ਗਿਆ ਹੈ। ਮਾਇਆ ਦਾ ਰੰਗ ਮੈਨੂੰ ਕਸੁੰਭੇ ਦੇ ਰੰਗ ਵਰਗਾ ਕੱਚਾ, ਸੂਹਾ ਦਿੱਸ ਪਿਆ ਹੈ।

9517	221	ਨਦਰਿ ਭਈ ਬਿਖੁ ਠਾਕਿ ਰਹਾਇਆ॥੨॥	(ਠਾਕਿ) ਰੋਕਿਆ। ਬਿਖੁ: ਪੋਲਾ ਬੋਲੋ	Nadhar Bhee Bikh Thaak Rehaaeiaa ||2||	By the Lord's Glance of Grace, the poison has been eliminated. ||2||	(ਮੇਰਾ ਉਤੇ ਪਰਮਾਤਮਾ ਦੀ ਮਿਹਰ ਦੀ) ਨਜ਼ਰ ਹੋਈ ਹੈ, ਮੈਂ ਮਾਇਆ ਦੇ ਜ਼ਹਰ ਨੂੰ (ਆਪਣੇ ਉਤੇ ਅਸਰ ਕਰਨੋਂ) ਰੋਕ ਲਿਆ ਹੈ ॥੨॥
9518	221	ਉਲਟ ਭਈ ਜੀਵਤ ਮਰਿ ਜਾਗਿਆ ॥		Oulatt Bhee Jeevath Mar Jaagiaa ||	When I turned away, and became dead while yet alive, I was awakened.	(ਮੇਰੀ ਸੁਰਤ ਮਾਇਆ ਦੇ ਮੋਹ ਵਲੋਂ) ਪਰਤ ਪਈ ਹੈ, ਦੁਨੀਆ ਦੀ ਕਿਰਤ-ਕਾਰ ਕਰਦਿਆਂ ਹੀ (ਮੇਰਾ ਮਨ ਮਾਇਆ ਵਲੋਂ) ਮਰ ਗਿਆ ਹੈ, ਮੈਨੂੰ ਆਤਮਕ ਜਾਗ ਆ ਗਈ ਹੈ।
9519	221	ਸਬਦਿ ਰਵੇ ਮਨੁ ਹਰਿ ਸਿਉ ਲਾਗਿਆ॥	(ਰਵੇ) ਸਿਮਰੇ	Sabadh Ravae Man Har Sio Laagiaa ||	Chanting the Word of the Shabad, my mind is attached to the Lord.	ਗੁਰੂ ਦੇ ਸ਼ਬਦ ਰਾਹੀਂ ਮੈਂ ਸਿਮਰਨ ਕਰ ਰਿਹਾ ਹਾਂ, ਮੇਰਾ ਮਨ ਪਰਮਾਤਮਾ ਨਾਲ ਪ੍ਰੀਤ ਪਾ ਚੁਕਾ ਹੈ।
9520	221	ਰਸੁ ਸੰਗ੍ਰਹਿ ਬਿਖੁ ਪਰਹਰਿ ਤਿਆਗਿਆ॥	(ਸੰਗ੍ਰ-ਹਿ) ਇਕੱਠਾ ਕੀਤਾ। (ਪਰਹਰਿਆ) ਦੂਰ ਕੀਤਾ	Ras Sangrehi Bikh Parehar Thiaagiaa ||	I have gathered in the Lord's sublime essence, and cast out the poison.	(ਆਤਮਕ) ਆਨੰਦ (ਆਪਣੇ ਅੰਦਰ) ਇਕੱਠਾ ਕਰ ਕੇ ਮੈਂ ਮਾਇਆ ਦੇ ਜ਼ਹਰ ਨੂੰ (ਆਪਣੇ ਅੰਦਰੋਂ) ਦੂਰ ਕਰ ਕੇ (ਸਦਾ ਲਈ) ਤਿਆਗ ਦਿੱਤਾ ਹੈ।
9521	221	ਭਾਇ ਬਸੇ ਜਮ ਕਾ ਭਉ ਭਾਗਿਆ॥੩॥	(ਭਾਇ) ਪ੍ਰੇਮ	Bhaae Basae Jam Kaa Bho Bhaagiaa ||3||	Abiding in His Love, the fear of death has run away. ||3||	ਪਰਮਾਤਮਾ ਦੇ ਪ੍ਰੇਮ ਵਿਚ ਟਿਕਣ ਕਰਕੇ ਮੇਰਾ ਮੌਤ ਦਾ ਡਰ ਦੂਰ ਹੋ ਗਿਆ ਹੈ ॥੩॥

9522	221	ਸਾਦ ਰਹੇ ਬਾਦੰ ਅਹੰਕਾਰਾ॥	(ਬਾਦੰ) ਝਗੜੇ। ਅਹੰ-ਕਾਰਾ	Saadh Rehae Baadhan Ahankaaraa ||	My taste for pleasure ended, along with conflict and egotism.	(ਸਿਮਰਨ ਦੀ ਬਰਕਤਿ ਕਰਕੇ ਮੇਰੇ ਅੰਦਰੋਂ ਮਾਇਕ ਪਦਾਰਥਾਂ ਦੇ) ਚਸਕੇ ਦੂਰ ਹੋ ਗਏ ਹਨ, (ਮਨ ਵਿਚ ਨਿੱਤ ਹੋ ਰਿਹਾ ਮਾਇਆ ਵਾਲਾ) ਝਗੜਾ ਮਿਟ ਗਿਆ ਹੈ, ਅਹੰਕਾਰ ਰਹਿ ਗਿਆ ਹੈ।
9523	221	ਚਿਤੁ ਹਰਿ ਸਿਉ ਰਾਤਾ ਹੁਕਮਿ ਅਪਾਰਾ॥	ਰੱਤਾ	Chith Har Sio Raathaa Hukam Apaaraa ||	My consciousness is attuned to the Lord, by the Order of the Infinite.	ਮੇਰਾ ਚਿੱਤ ਹੁਣ ਪਰਮਾਤਮਾ (ਦੇ ਨਾਮ) ਨਾਲ ਰੰਗਿਆ ਗਿਆ ਹੈ, ਮੈਂ ਹੁਣ ਉਸ ਬੇਅੰਤ ਪ੍ਰਭੂ ਦੀ ਰਜ਼ਾ ਵਿਚ ਟਿਕ ਗਿਆ ਹਾਂ।
9524	221	ਜਾਤਿ ਰਹੇ ਪਤਿ ਕੇ ਆਚਾਰਾ॥	(ਆਚਾਰਾ) ਕੰਮ। ਪਤਿ: ਪੋਲਾ ਬੋਲੋ	Jaath Rehae Path Kae Aachaaraa ||	My pursuit for worldy pride and honour is over.	ਜਾਤਿ-ਵਰਨ ਅਤੇ ਲੋਕ-ਲਾਜ ਦੀ ਖ਼ਾਤਰ ਕੀਤੇ ਜਾਣ ਵਾਲੇ ਧਰਮ-ਕਰਮ ਬੱਸ ਹੋ ਗਏ ਹਨ।
9525	221	ਦ੍ਰਿਸਟਿ ਭਈ ਸੁਖੁ ਆਤਮ ਧਾਰਾ॥੪॥		Dhrisatt Bhee Sukh Aatham Dhhaaraa ||4||	When He blessed me with His Glance of Grace, peace was established in my soul. ||4||	(ਮੇਰੇ ਉਤੇ ਪ੍ਰਭੂ ਦੀ) ਮਿਹਰ ਦੀ ਨਿਗਾਹ ਹੋਈ ਹੈ, ਮੈਨੂੰ ਆਤਮਕ ਸੁਖ ਮਿਲ ਗਿਆ ਹੈ ॥੪॥
9526	221	ਤੁਝ ਬਿਨੁ ਕੋਇ ਨ ਦੇਖਉ ਮੀਤੁ॥		Thujh Bin Koe N Dhaekho Meeth ||	Without You, I see no friend at all.	(ਗੁਰੂ ਦੇ ਸ਼ਬਦ ਦੀ ਬਰਕਤਿ ਨਾਲ, ਹੇ ਪ੍ਰਭੂ!) ਮੈਨੂੰ ਤੈਥੋਂ ਬਿਨਾ ਕੋਈ ਹੋਰ (ਪੱਕਾ) ਮਿੱਤਰ ਨਹੀਂ ਦਿੱਸਦਾ।
9527	221	ਕਿਸੁ ਸੇਵਉ ਕਿਸੁ ਦੇਵਉ ਚੀਤੁ॥		Kis Saevo Kis Dhaevo Cheeth ||	Whom should I serve? Unto whom should I dedicate my consciousness?	ਮੈਂ ਹੁਣ ਕਿਸੇ ਹੋਰ ਨੂੰ ਨਹੀਂ ਸਿਮਰਦਾ, ਮੈਂ ਕਿਸੇ ਹੋਰ ਨੂੰ ਆਪਣਾ ਮਨ ਨਹੀਂ ਭੇਂਟ ਕਰਦਾ।

9528	221	ਕਿਸੁ ਪੂਛਉ ਕਿਸੁ ਲਾਗਉ ਪਾਇ॥		Kis Pooshho Kis Laago Paae ||	Whom should I ask? At whose feet should I fall?	ਮੈਂ ਕਿਸੇ ਹੋਰ ਤੋਂ ਸਾਲਾਹ ਨਹੀਂ ਪੁੱਛਦਾ। ਮੈਂ ਕਿਸੇ ਹੋਰ ਦੇ ਪੈਰੀਂ ਨਹੀਂ ਲਗਦਾ ਫਿਰਦਾ।
9529	221	ਕਿਸੁ ਉਪਦੇਸਿ ਰਹਾ ਲਿਵ ਲਾਇ॥੫॥		Kis Oupadhaes Rehaa Liv Laae ||5||	By whose teachings will I remain absorbed in His Love? ||5||	ਮੈਂ ਕਿਸੇ ਹੋਰ ਦੇ ਉਪਦੇਸ਼ ਵਿਚ ਸੁਰਤ ਨਹੀਂ ਜੋੜਦਾ ਫਿਰਦਾ ॥੫॥
9530	221	ਗੁਰ ਸੇਵੀ ਗੁਰ ਲਾਗਉ ਪਾਇ॥		Gur Saevee Gur Laago Paae ||	I serve the Guru, and I fall at the Guru's Feet.	(ਗੁਰੂ ਦੇ ਸ਼ਬਦ ਨੇ ਹੀ ਮੈਨੂੰ ਤੇਰੇ ਗਿਆਨ ਦਾ ਸੁਰਮਾ ਦਿੱਤਾ ਹੈ, ਇਸ ਵਾਸਤੇ) ਮੈਂ ਗੁਰੂ ਦੀ ਹੀ ਸੇਵਾ ਕਰਦਾ ਹਾਂ, ਗੁਰੂ ਦੀ ਹੀ ਚਰਨੀਂ ਲੱਗਦਾ ਹਾਂ।
9531	221	ਭਗਤਿ ਕਰੀ ਰਾਚਉ ਹਰਿ ਨਾਇ॥		Bhagath Karee Raacho Har Naae ||	I worship Him, and I am absorbed in the Lord's Name.	(ਗੁਰੂ ਦੀ ਸਹਾਇਤਾ ਨਾਲ ਹੀ, ਹੇ ਭਾਈ!) ਮੈਂ ਪਰਮਾਤਮਾ ਦੀ ਭਗਤੀ ਕਰਦਾ ਹਾਂ, ਹਰੀ ਦੇ ਨਾਮ ਵਿਚ ਟਿਕਦਾ ਹਾਂ।
9532	221	ਸਿਖਿਆ ਦੀਖਿਆ ਭੋਜਨ ਭਾਉ॥	(ਦੀਖਿਆ) ਉਪਦੇਸ਼। ਸਿੱਖਿਆ	Sikhiaa Dheekhiaa Bhojan Bhaao ||	The Lord's Love is my instruction, sermon and food.	ਗੁਰੂ ਦੀ ਸਿੱਖਿਆ, ਗੁਰੂ ਦੀ ਦੀਖਿਆ, ਗੁਰੂ ਦੇ ਪ੍ਰੇਮ ਨੂੰ ਹੀ ਮੈਂ ਆਪਣੇ ਆਤਮਾ ਦਾ ਭੋਜਨ ਬਣਾਇਆ ਹੈ।
9533	221	ਹੁਕਮਿ ਸੰਜੋਗੀ ਨਿਜ ਘਰਿ ਜਾਉ॥੬॥		Hukam Sanjogee Nij Ghar Jaao ||6||	Enjoined to the Lord's Command, I have entered the home of my inner self. ||6||	ਪ੍ਰਭੂ ਦੀ ਰਜ਼ਾ ਵਿਚ ਹੀ ਇਹ ਪਿਛਲੇ ਕਰਮਾਂ ਦਾ ਅੰਕੁਰ ਫੁੱਟਿਆ ਹੈ, ਤੇ ਮੈਂ ਆਪਣੇ ਅਸਲ ਘਰ (ਪ੍ਰਭੂ-ਚਰਨਾਂ) ਵਿਚ ਟਿਕਿਆ ਬੈਠਾ ਹਾਂ ॥੬॥

9534	221	ਗਰਬ ਗਤੰ ਸੁਖ ਆਤਮ ਧਿਆਨਾ॥	ਗਤੰ:ਪੋਲਾ ਬੋਲੋ। (ਗਤੰ) ਨਾਸ ਹੋਇਆ	Garab Gathan Sukh Aatham Dhhiaanaa ||	With the extinction of pride, my soul has found peace and meditation.	(ਸਿਮਰਨ ਦੀ ਬਰਕਤਿ ਨਾਲ) ਅਹੰਕਾਰ ਦੂਰ ਹੋ ਗਿਆ ਹੈ, ਆਤਮਕ ਆਨੰਦ ਵਿਚ ਮੇਰੀ ਸੁਰਤ ਟਿਕ ਗਈ ਹੈ।
9535	221	ਜੋਤਿ ਭਈ ਜੋਤੀ ਮਾਹਿ ਸਮਾਨਾ॥		Joth Bhee Jothee Maahi Samaanaa ||	The Divine Light has dawned, and I am absorbed in the Light.	ਮੇਰੇ ਆਤਮਕ ਚਾਨਣ ਹੋ ਗਿਆ ਹੈ, ਮੇਰੀ ਜਿੰਦ ਪ੍ਰਭੂ ਦੀ ਜੋਤਿ ਵਿਚ ਲੀਨ ਹੋ ਗਈ ਹੈ।
9536	221	ਲਿਖਤੁ ਮਿਟੈ ਨਹੀ ਸਬਦੁ ਨੀਸਾਨਾ॥	ਗੁਰਸਬਦ ਜੀ ਦੇ (ਨੀਸਾਨਾ) ਨਿਸ਼ਾਨ ਦੀ ਲਿਖਤੁ ਨਹੀਂ ਮਿਟਦੀ	Likhath Mittai Nehee Sabadh Neesaanaa ||	Pre-ordained destiny cannot be erased; the Shabad is my banner and insignia.	(ਮੇਰੇ ਹਿਰਦੇ ਵਿਚ) ਉੱਕਰਿਆ ਹੋਇਆ ਗੁਰ-ਸ਼ਬਦ (ਰੂਪ) ਲੇਖ ਹੁਣ ਅਜਿਹਾ ਪਰਗਟ ਹੋ ਗਿਆ ਹੈ ਕਿ ਮਿਟ ਨਹੀਂ ਸਕਦਾ।
9537	221	ਕਰਤਾ ਕਰਣਾ ਕਰਤਾ ਜਾਨਾ॥੭॥		Karathaa Karanaa Karathaa Jaanaa ||7||	I know the Creator, the Creator of His Creation. ||7||	ਮੈਂ ਕਰਤੇ ਤੇ (ਕਰਤੇ ਦੀ) ਰਚਨਾ ਨੂੰ ਕਰਤਾਰ-ਰੂਪ ਹੀ ਜਾਣ ਲਿਆ ਹੈ, (ਮੈਂ ਕਰਤਾਰ ਨੂੰ ਹੀ ਸ੍ਰਿਸ਼ਟੀ ਦਾ ਰਚਨਹਾਰਾ ਜਾਣ ਲਿਆ ਹੈ) ॥੭॥
9538	221	ਨਹ ਪੰਡਿਤੁ ਨਹ ਚਤੁਰੁ ਸਿਆਨਾ॥		Neh Panddith Neh Chathur Siaanaa ||	I am not a learned Pandit, I am not clever or wise.	ਮੈਂ ਕੋਈ ਪੰਡਿਤ ਨਹੀਂ ਹਾਂ, ਮੈਂ ਚਤੁਰ ਨਹੀਂ ਹਾਂ, ਮੈਂ ਸਿਆਣਾ ਨਹੀਂ ਹਾਂ, (ਭਾਵ, ਮੈਂ ਕਿਸੇ ਵਿਦਵਤਾ ਚਤੁਰਾਈ ਸਿਆਣਪ ਦਾ ਆਸਰਾ ਨਹੀਂ ਲਿਆ)
9539	221	ਨਹ ਭੂਲੋ ਨਹ ਭਰਮਿ ਭੁਲਾਨਾ॥		Neh Bhoolo Neh Bharam Bhulaanaa ||	I do not wander; I am not deluded by doubt.	ਤਾਹੀਏਂ ਮੈਂ (ਰਸਤੇ ਤੋਂ) ਖੁੰਝਿਆ ਨਹੀਂ, ਭਟਕਣਾ ਵਿਚ ਪੈ ਕੇ ਕੁਰਾਹੇ ਨਹੀਂ ਪਿਆ।

9540	221	ਕਥਉ ਨ ਕਥਨੀ ਹੁਕਮੁ ਪਛਾਨਾ॥		Kathho N Kathhanee Hukam Pashhaanaa ||	I do not speak empty speech; I have recognized the Hukam of His Command.	ਮੈਂ ਕੋਈ ਚਤੁਰਾਈ ਦੀਆਂ ਗੱਲਾਂ ਨਹੀਂ ਕਰਦਾ।
9541	221	ਨਾਨਕ ਗੁਰਮਤਿ ਸਹਜਿ ਸਮਾਨਾ॥੮॥੧॥		Naanak Guramath Sehaj Samaanaa ||8||1||	Nanak is absorbed in intuitive peace through the Guru's Teachings. ||8||1||	ਹੇ ਨਾਨਕ! (ਆਖ-) ਮੈਂ ਤਾਂ ਸਤਿਗੁਰੂ ਦੀ ਮਤਿ ਲੈ ਕੇ ਪਰਮਾਤਮਾ ਦੇ ਹੁਕਮ ਨੂੰ ਪਛਾਣਿਆ ਹੈ (ਭਾਵ, ਮੈਂ ਇਹ ਸਮਝਿਆ ਹੈ ਕਿ ਪ੍ਰਭੂ ਦੇ ਹੁਕਮ ਵਿਚ ਤੁਰਨਾ ਹੀ ਸਹੀ ਰਸਤਾ ਹੈ, ਤੇ ਮੈਂ ਅਡੋਲ ਅਵਸਥਾ ਵਿਚ ਟਿਕ ਗਿਆ ਹਾਂ ॥੮॥੧॥
9542	221	ਗਉੜੀ ਗੁਆਰੇਰੀ ਮਹਲਾ ੧॥		Gourree Guaaraeree Mehalaa 1 ||	Gauree Gwaarayree, First Mehl:	
9543	221	ਮਨੁ ਕੁੰਚਰੁ ਕਾਇਆ ਉਦਿਆਨੈ॥	(ਕੁੰਚਰੁ) ਹਾਥੀ। (ਕਾਇਆ) ਦੇਹ ਰੂਪੀ (ਉਦਿਆਨੈ) ਜੰਗਲ ਚ	Man Kunchar Kaaeiaa Oudhiaanai ||	The mind is an elephant in the forest of the body.	(ਇਸ) ਸਰੀਰ ਜੰਗਲ ਵਿਚ ਮਨ ਹਾਥੀ (ਸਮਾਨ) ਹੈ।
9544	221	ਗੁਰੁ ਅੰਕਸੁ ਸਚੁ ਸਬਦੁ ਨੀਸਾਨੈ॥	ਸਚੁ ਸਬਦੁ ਰੂਪੀ (ਅੰਕਸੁ) ਕੁੰਡੇ ਦਾ (ਨੀਸਾਨੈ) ਨਿਸ਼ਾਨ	Gur Ankas Sach Sabadh Neesaanai ||	The Guru is the controlling stick; when the Insignia of the True Shabad is applied,	(ਜਿਸ ਮਨ-ਹਾਥੀ ਦੇ ਸਿਰ ਉਤੇ) ਗੁਰੂ ਕੁੰਡਾ ਹੋਵੇ ਅਤੇ ਸਦਾ-ਥਿਰ (ਪ੍ਰਭੂ ਦੀ ਸਿਫ਼ਤ-ਸਾਲਾਹ ਦਾ) ਸ਼ਬਦ ਨੀਸ਼ਾਨ (ਝੁੱਲ ਰਿਹਾ) ਹੋਵੇ,

9545	221	ਰਾਜ ਦੁਆਰੈ ਸੋਭ ਸੁ ਮਾਨੈ॥੧॥		Raaj Dhuaarai Sobh S Maanai ||1||	One obtains honor in the Court of God the King. ||1||	(ਉਹ ਮਨ-ਹਾਥੀ) ਪ੍ਰਭੂ-ਪਾਤਸ਼ਾਹ ਦੇ ਦਰ ਤੇ ਸੋਭਾ ਪਾਂਦਾ ਹੈ ਉਹ ਆਦਰ ਪਾਂਦਾ ਹੈ ॥੧॥
9546	221	ਚਤੁਰਾਈ ਨਹ ਚੀਨਿਆ ਜਾਇ॥	(ਚੀਨਿਆ) ਜਾਣਿਆ	Chathuraaee Neh Cheeniaa Jaae ||	He cannot be known through clever tricks.	ਚਤੁਰਾਈ ਵਿਖਾਲਣ ਨਾਲ ਇਹ ਪਛਾਣ ਨਹੀਂ ਹੁੰਦੀ ਕਿ (ਚਤੁਰਾਈ ਵਿਖਾਲਣ ਵਾਲਾ) ਮਨ ਕੀਮਤ ਪਾਣ ਦਾ ਹੱਕਦਾਰ ਹੋ ਗਿਆ ਹੈ।
9547	221	ਬਿਨੁ ਮਾਰੇ ਕਿਉ ਕੀਮਤਿ ਪਾਇ॥੧॥ਰਹਾਉ॥		Bin Maarae Kio Keemath Paae ||1|| Rehaao ||	Without subduing the mind, how can His value be estimated? ||1||Pause||	ਮਨ ਨੂੰ ਵਿਕਾਰਾਂ ਵਲੋਂ ਮਾਰਨ ਤੋਂ ਬਿਨਾ ਮਨ ਦੀ ਕਦਰ ਨਹੀਂ ਪੈ ਸਕਦੀ (ਭਾਵ, ਉਹੀ ਮਨ ਆਦਰ-ਸਤਕਾਰ ਦਾ ਹੱਕਦਾਰ ਹੁੰਦਾ ਹੈ, ਜੇਹੜਾ ਵੱਸ ਵਿਚ ਆ ਜਾਂਦਾ ਹੈ) ॥੧॥ ਰਹਾਉ ॥
9548	221	ਘਰ ਮਹਿ ਅੰਮ੍ਰਿਤੁ ਤਸਕਰੁ ਲੇਈ॥	(ਤਸਕਰੁ) ਚੋਰ। (ਲੇਈ) ਲੁੱਟ ਰਹੇ	Ghar Mehi Anmrith Thasakar Laeee ||	In the house of the self is the Ambrosial Nectar, which is being stolen by the thieves.	(ਮਨੁੱਖ ਦੇ ਹਿਰਦੇ-) ਘਰ ਵਿਚ ਨਾਮ-ਅੰਮ੍ਰਿਤ ਮੌਜੂਦ ਹੈ, (ਪਰ ਮੋਹ ਵਿਚ ਫਸਿਆ ਹੋਇਆ ਮਨ-) ਚੋਰ (ਉਸ ਅੰਮ੍ਰਿਤ ਨੂੰ) ਚੁਰਾਈ ਜਾਂਦਾ ਹੈ।
9549	221	ਨੰਨਾਕਾਰੁ ਨ ਕੋਇ ਕਰੇਈ॥	(ਨੰਨਾਕਾਰੁ) ਇਨਕਾਰ, ਨਾਂਹ	Nannaakaar N Koe Karaeee ||	No one can say no to them.	(ਇਹ ਮਨ ਏਨਾ ਆਕੀ ਹੋਇਆ ਪਿਆ ਹੈ ਕਿ ਕੋਈ ਜੀਵ ਇਸ ਦੇ ਅੱਗੇ ਨਾਂਹ-ਨੁੱਕਰ ਨਹੀਂ ਕਰ ਸਕਦਾ।
9550	221	ਰਾਖੈ ਆਪਿ ਵਡਿਆਈ ਦੇਈ॥੨॥		Raakhai Aap Vaddiaaee Dhaeee ||2||	He Himself protects us, and blesses us with greatness. ||2||	ਪਰਮਾਤਮਾ ਆਪ ਜਿਸ (ਦੇ ਅੰਦਰ ਵੱਸਦੇ ਅੰਮ੍ਰਿਤ) ਦੀ ਰਾਖੀ ਕਰਦਾ ਹੈ, ਉਸ ਨੂੰ ਵਡਿਆਈ ਬਖ਼ਸ਼ਦਾ ਹੈ ॥੨॥

9551	221	ਨੀਲ ਅਨੀਲ ਅਗਨਿ ਇਕ ਠਾਈ॥	(ਨੀਲ) ਗਿਣਤੀ ਤੋਂ (ਅਨੀਲ) ਅਣਗਿਣਤ। (ਠਾਈ) ਥਾਂ	Neel Aneel Agan Eik Thaaee ||	There are billions, countless billions of fires of desire at the seat of the mind.	(ਇਸ ਮਨ ਵਿਚ) ਤ੍ਰਿਸ਼ਨਾ ਦੀ ਬੇਅੰਤ ਅੱਗ ਇਕੋ ਥਾਂ ਤੇ ਪਈ ਹੈ।
9552	221	ਜਲਿ ਨਿਵਰੀ ਗੁਰਿ ਬੂਝ ਬੁਝਾਈ॥	ਤ੍ਰਿਸ਼ਨਾ ਦੀ ਜਲਿ ਰਹੀ ਲਾਟ (ਨਿਵਰੀ) ਨਿਵਿਰਤ ਭਾਵ ਬੁਝ ਗਈ। (ਬੂੱਝ) ਸਿੱਖਿਆ। ਬੁੱਝਾਈ	Jal Nivaree Gur Boojh Bujhaaee ||	They are extinguished only with the water of understanding, imparted by the Guru.	ਜਿਸ ਨੂੰ ਗੁਰੂ ਨੇ (ਤ੍ਰਿਸ਼ਨਾ-ਅੱਗ ਤੋਂ ਬਚਣ ਦੀ) ਸਮਝ ਬਖ਼ਸ਼ੀ ਹੈ, ਉਸ ਦੀ ਇਹ ਅੱਗ ਪ੍ਰਭੂ ਦੇ ਨਾਮ-ਜਲ ਨਾਲ ਬੁੱਝ ਜਾਂਦੀ ਹੈ।
9553	221	ਮਨੁ ਦੇ ਲੀਆ ਰਹਸਿ ਗੁਣ ਗਾਈ॥੩॥	ਰਹ-ਸਿ:ਪੋਲਾ ਬੋਲੋ। (ਰਹਸਿ) ਅਨੰਦ	Man Dhae Leeaa Rehas Gun Gaaee ||3||	Offering my mind, I have attained it, and I joyfully sing His Glorious Praises. ||3||	(ਪਰ ਜਿਸ ਨੇ ਭੀ ਨਾਮ-ਜਲ ਲਿਆ ਹੈ) ਆਪਣਾ ਮਨ (ਵੱਟੇ ਵਿਚ) ਦੇ ਕੇ ਲਿਆ ਹੈ, ਉਹ (ਫਿਰ) ਚਾਉ ਨਾਲ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੁਣ ਗਾਂਦਾ ਹੈ ॥੩॥
9554	221	ਜੈਸਾ ਘਰਿ ਬਾਹਰਿ ਸੋ ਤੈਸਾ॥		Jaisaa Ghar Baahar So Thaisaa ||	Just as He is within the home of the self, so is He beyond.	(ਜੇ ਮਨ-ਹਾਥੀ ਦੇ ਸਿਰ ਤੇ ਗੁਰੂ-ਕੁੰਡਾ ਨਹੀਂ ਹੈ ਤਾਂ) ਜਿਹੋ ਜਿਹਾ (ਅਮੋੜ) ਇਹ ਗ੍ਰਿਹਸਤ ਵਿਚ (ਰਹਿੰਦਿਆਂ) ਹੈ, ਉਹੋ ਜਿਹਾ (ਅਮੋੜ) ਇਹ ਬਾਹਰ (ਜੰਗਲਾਂ ਵਿਚ ਰਹਿੰਦਿਆਂ) ਹੁੰਦਾ ਹੈ।

9555	221	ਬੈਸਿ ਗੁਫਾ ਮਹਿ ਆਖਉ ਕੈਸਾ॥		Bais Gufaa Mehi Aakho Kaisaa ||	But how can I describe Him, sitting in a cave?	ਪਹਾੜ ਦੀ ਗੁਫ਼ਾ ਵਿਚ ਭੀ ਬੈਠ ਕੇ ਮੈਂ ਕੀਹ ਆਖਾਂ ਕਿ ਕਿਹੋ ਜਿਹਾ ਬਣ ਗਿਆ ਹੈ? (ਗੁਫ਼ਾ ਵਿਚ ਟਿਕੇ ਰਿਹਾਂ ਭੀ ਇਹ ਮਨ ਅਮੋੜ ਹੀ ਰਹਿੰਦਾ ਹੈ)।
9556	221	ਸਾਗਰਿ ਡੂਗਰਿ ਨਿਰਭਉ ਐਸਾ॥੪॥	(ਡੂਗਰਿ) ਪਹਾੜ	Saagar Ddoogar Nirabho Aisaa ||4||	The Fearless Lord is in the oceans, just as He is in the mountains. ||4||	ਸਮੁੰਦਰ ਵਿਚ ਵੜੇ (ਤੀਰਥਾਂ ਵਿਚ ਚੁੱਭੀ ਲਾਏ, ਚਾਹੇ) ਪਹਾੜ (ਦੀ ਗੁਫ਼ਾ) ਵਿਚ ਬੈਠੇ, ਇਹ ਇਕੋ ਜਿਹਾ ਨਿਡਰ ਰਹਿੰਦਾ ਹੈ ॥੪॥
9557	221	ਮੂਏ ਕਉ ਕਹੁ ਮਾਰੇ ਕਉਨੁ॥		Mooeae Ko Kahu Maarae Koun ||	Tell me, who can kill someone who is already dead?	ਪਰ ਜੇ ਇਹ (ਮਨ-ਹਾਥੀ ਗੁਰੂ-ਕੁੰਡੇ ਦੇ ਅਧੀਨ ਰਹਿ ਕੇ ਵਿਕਾਰਾਂ ਵਲੋਂ) ਮਰ ਜਾਏ ਤਾਂ ਕੋਈ ਵਿਕਾਰ ਇਸ ਤੇ ਚੋਟ ਨਹੀਂ ਕਰ ਸਕਦਾ।
9558	221	ਨਿਡਰੇ ਕਉ ਕੈਸਾ ਡਰੁ ਕਵਨੁ॥	ਨਿ-ਡਰੇ	Niddarae Ko Kaisaa Ddar Kavan ||	What does he fear? Who can frighten the fearless one?	ਜੇ ਇਹ (ਗੁਰੂ-ਕੁੰਡੇ ਦੇ ਡਰ ਵਿਚ ਰਹਿ ਕੇ) ਨਿਡਰ (ਦਲੇਰ) ਹੋ ਜਾਏ, ਤਾਂ ਦੁਨੀਆ ਵਾਲਾ ਕੋਈ ਡਰ ਇਸ ਨੂੰ ਪੋਹ ਨਹੀਂ ਸਕਦਾ।
9559	221	ਸਬਦਿ ਪਛਾਨੈ ਤੀਨੇ ਭਉਨ॥੫॥	ਤੀਨੇ (ਭਉਨ) ਭਵਨ	Sabadh Pashhaanai Theenae Bhoun ||5||	He recognizes the Word of the Shabad, throughout the three worlds. ||5||	(ਕਿਉਂਕਿ) ਗੁਰੂ ਦੇ ਸ਼ਬਦ ਵਿਚ ਜੁੜ ਕੇ ਇਹ ਪਛਾਣ ਲੈਂਦਾ ਹੈ ਕਿ (ਇਸ ਦਾ ਰਾਖਾ ਪਰਮਾਤਮਾ) ਤਿੰਨਾਂ ਹੀ ਭਵਨਾਂ ਵਿਚ ਹਰ ਥਾਂ ਵੱਸਦਾ ਹੈ ॥੫॥

9560	221	ਜਿਨਿ ਕਹਿਆ ਤਿਨਿ ਕਹਨੁ ਵਖਾਨਿਆ॥		Jin Kehiaa Thin Kehan Vakhaaniaa ||	One who speaks, merely describes speech.	ਜਿਸ ਮਨੁੱਖ ਨੇ (ਨਿਰੀ ਮਨ ਦੀ ਚਤੁਰਾਈ ਨਾਲ ਹੀ ਇਹ) ਕਹਿ ਦਿੱਤਾ (ਕਿ ਪਰਮਾਤਮਾ ਤਿੰਨਾਂ ਭਵਨਾਂ ਵਿਚ ਹਰ ਥਾਂ ਮੌਜੂਦ ਹੈ) ਉਸ ਨੇ ਜ਼ਬਾਨੀ ਜ਼ਬਾਨੀ ਹੀ ਆਖ ਦਿੱਤਾ (ਉਸ ਦਾ ਮਨ-ਹਾਥੀ ਅਜੇ ਭੀ ਅਮੋੜ ਹੈ)।
9561	221	ਜਿਨਿ ਬੂਝਿਆ ਤਿਨਿ ਸਹਜਿ ਪਛਾਨਿਆ॥	ਬੁੱਝਿਆ	Jin Boojhiaa Thin Sehaj Pashhaaniaa ||	But one who understands, intuitively realizes.	ਜਿਸ ਨੇ (ਗੁਰੂ-ਅੰਕੁਸ ਦੇ ਅਧੀਨ ਰਹਿ ਕੇ ਇਹ ਭੇਤ) ਸਮਝ ਲਿਆ, ਉਸ ਨੇ ਅਡੋਲ ਆਤਮਕ ਅਵਸਥਾ ਵਿਚ ਟਿਕ ਕੇ (ਉਸ ਤਿੰਨਾਂ ਭਵਨਾਂ ਵਿਚ ਵੱਸਦੇ ਨੂੰ) ਪਛਾਣ ਭੀ ਲਿਆ।
9562	221	ਦੇਖਿ ਬੀਚਾਰਿ ਮੇਰਾ ਮਨੁ ਮਾਨਿਆ॥੬॥		Dhaekh Beechaar Maeraa Man Maaniaa ||6||	Seeing and reflecting upon it, my mind surrenders. ||6||	(ਹਰ ਥਾਂ ਪ੍ਰਭੂ ਦਾ) ਦਰਸਨ ਕਰ ਕੇ ਪ੍ਰਭੂ ਦੇ ਗੁਣਾਂ ਨੂੰ ਵਿਚਾਰ ਕੇ ਉਸ ਦਾ 'ਮੇਰਾ, ਮੇਰਾ' ਆਖਣ ਵਾਲਾ ਮਨ (ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ) ਗਿੱਝ ਜਾਂਦਾ ਹੈ ॥੬॥
9563	221	ਕੀਰਤਿ ਸੂਰਤਿ ਮੁਕਤਿ ਇਕ ਨਾਈ॥		Keerath Soorath Mukath Eik Naaee ||	Praise, beauty and liberation are in the One Name.	ਜਿਸ ਹਿਰਦੇ ਵਿਚ ਇਕ ਪਰਮਾਤਮਾ ਦੀ ਸਿਫ਼ਤ-ਸਾਲਾਹ ਹੈ, ਉਥੇ ਸੋਭਾ ਹੈ, ਉਥੇ ਸੁੰਦਰਤਾ ਹੈ, ਉਥੇ ਵਿਕਾਰਾਂ ਤੋਂ ਖ਼ਲਾਸੀ ਹੈ,
9564	221	ਤਹੀ ਨਿਰੰਜਨੁ ਰਹਿਆ ਸਮਾਈ॥		Thehee Niranjan Rehiaa Samaaee ||	In it, the Immaculate Lord is permeating and pervading.	ਉਥੇ ਹੀ ਮਾਇਆ ਦੇ ਪ੍ਰਭਾਵ ਤੋਂ ਰਹਿਤ ਪਰਮਾਤਮਾ ਹਰ ਵੇਲੇ ਮੌਜੂਦ ਹੈ।

9565	221	ਨਿਜ ਘਰਿ ਬਿਆਪਿ ਰਹਿਆ ਨਿਜ ਠਾਈ॥੭॥	(ਨਿਜ) ਅਪਣੇ	Nij Ghar Biaap Rehiaa Nij Thaaee ||7||	He dwells in the home of the self, and in His own sublime place. ||7||	(ਉਹ ਹਿਰਦਾ ਪਰਮਾਤਮਾ ਦਾ ਆਪਣਾ ਘਰ ਬਣ ਗਿਆ, ਆਪਣਾ ਨਿਵਾਸ-ਥਾਂ ਬਣ ਗਿਆ), ਉਸ ਆਪਣੇ ਘਰ ਵਿਚ, ਉਸ ਆਪਣੇ ਨਿਵਾਸ-ਥਾਂ ਵਿਚ ਪਰਮਾਤਮਾ ਹਰ ਵੇਲੇ ਮੌਜੂਦ ਹੈ ॥੭॥
9566	221	ਉਸਤਤਿ ਕਰਹਿ ਕੇਤੇ ਮੁਨਿ ਪ੍ਰੀਤਿ॥		Ousathath Karehi Kaethae Mun Preeth ||	The many silent sages lovingly praise Him.	ਅਨੇਕਾਂ ਹੀ ਮੁਨੀ ਲੋਕ (ਮਨ-ਹਾਥੀ ਨੂੰ ਗੁਰੂ-ਕੁੰਡੇ ਦੇ ਅਧੀਨ ਕਰ ਕੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਹਨ।
9567	222	ਤਨਿ ਮਨਿ ਸੂਚੈ ਸਾਚੁ ਸੁ ਚੀਤਿ॥		Than Man Soochai Saach S Cheeth ||	Their bodies and minds are purified, as they enshrine the True Lord in their consciousness.	ਪਵਿਤ੍ਰ ਸਰੀਰ ਨਾਲ ਪਵਿਤ੍ਰ ਮਨ ਨਾਲ ਪਿਆਰ ਵਿਚ ਜੁੜ ਕੇ ਉਹ ਪਰਮਾਤਮਾ ਦੀ ਸਿਫ਼ਤਿ ਕਰਦੇ ਹਨ।
9568	222	ਨਾਨਕ ਹਰਿ ਭਜੁ ਨੀਤਾ ਨੀਤਿ॥੮॥੨॥	ਭਜੁ: ਪੋਲਾ ਬੋਲੋ	Naanak Har Bhaj Neethaa Neeth ||8||2||	O Nanak, meditate on the Lord, each and every day. ||8||2||	ਹੇ ਨਾਨਕ! ਤੂੰ ਭੀ (ਇਸੇ ਤਰ੍ਹਾਂ) ਸਦਾ ਸਦਾ ਉਸ ਪਰਮਾਤਮਾ ਦਾ ਭਜਨ ਕਰ ॥੮॥੨॥
9569	222	ਗਉੜੀ ਗੁਆਰੇਰੀ ਮਹਲਾ ੧॥		Gourree Guaaraeree Mehalaa 1 ||	Gauree Gwaarayree, First Mehl:	
9570	222	ਨਾ ਮਨੁ ਮਰੈ ਨ ਕਾਰਜੁ ਹੋਇ॥		Naa Man Marai N Kaaraj Hoe ||	The mind does not die, so the job is not accomplished.	ਉਤਨਾ ਚਿਰ ਮਨ (ਤ੍ਰਿਸ਼ਨਾ ਵਲੋਂ) ਮਰਦਾ ਨਹੀਂ ਤੇ ਉਤਨਾ ਚਿਰ (ਪਰਮਾਤਮਾ ਨਾਲ ਇੱਕ-ਰੂਪ ਹੋਣ ਦਾ) ਜਨਮ-ਮਨੋਰਥ ਭੀ ਸਿਰੇ ਨਹੀਂ ਚੜ੍ਹਦਾ,

9571	222	ਮਨੁ ਵਸਿ ਦੂਤਾ ਦੁਰਮਤਿ ਦੋਇ॥	(ਦੋਇ) ਦ੍ਵੈਤ। ਵੱਸਿ	Man Vas Dhoothaa Dhuramath Dhoe ||	The mind is under the power of the demons of evil intellect and duality.	ਜਿਤਨਾ ਚਿਰ ਮਨੁੱਖ ਦਾ ਮਨ ਕਾਮਾਦਿਕ ਵਿਕਾਰਾਂ ਦੇ ਵੱਸ ਵਿਚ ਹੈ, ਕੋਝੀ ਮਤਿ ਦੇ ਅਧੀਨ ਹੈ ਅਤੇ ਮੇਰ-ਤੇਰ ਦੇ ਕਾਬੂ ਵਿਚ ਹੈ।
9572	222	ਮਨੁ ਮਾਨੈ ਗੁਰ ਤੇ ਇਕੁ ਹੋਇ॥੧॥		Man Maanai Gur Thae Eik Hoe ||1||	But when the mind surrenders, through the Guru, it becomes one. ||1||	ਜਦੋਂ ਗੁਰੂ ਤੋਂ (ਸਿੱਖਿਆ ਲੈ ਕੇ ਮਨੁੱਖ ਦਾ) ਮਨ (ਸਿਫ਼ਤ-ਸਾਲਾਹ ਵਿਚ) ਗਿੱਝ ਜਾਂਦਾ ਹੈ, ਤਦੋਂ ਇਹ ਪਰਮਾਤਮਾ ਨਾਲ ਇੱਕ-ਰੂਪ ਹੋ ਜਾਂਦਾ ਹੈ ॥੧॥
9573	222	ਨਿਰਗੁਣ ਰਾਮੁ ਗੁਣਹ ਵਸਿ ਹੋਇ॥	ਵੱਸਿ	Niragun Raam Guneh Vas Hoe ||	The Lord is without attributes; the attributes of virtue are under His control.	ਪਰਮਾਤਮਾ ਮਾਇਆ ਦੇ ਤਿੰਨ ਗੁਣਾਂ ਤੋਂ ਪਰੇ ਹੈ, ਤੇ, ਉੱਚੇ ਆਤਮਕ ਗੁਣਾਂ ਦੇ ਵੱਸ ਵਿਚ ਹੈ (ਭਾਵ, ਜੋ ਮਨੁੱਖ ਉੱਚੇ ਆਤਮਕ ਗੁਣਾਂ ਨੂੰ ਆਪਣੇ ਅੰਦਰ ਵਸਾਂਦਾ ਹੈ, ਪਰਮਾਤਮਾ ਉਸ ਨਾਲ ਪਿਆਰ ਕਰਦਾ ਹੈ)।
9574	222	ਆਪੁ ਨਿਵਾਰਿ ਬੀਚਾਰੇ ਸੋਇ॥੧॥ਰਹਾਉ॥	(ਆਪੁ) ਹੰਕਾਰ। (ਨਿਵਾਰਿ) ਦੂਰ ਕਰਕੇ	Aap Nivaar Beechaarae Soe ||1|| Rehaao ||	One who eliminates selfishness contemplates Him. ||1||Pause||	ਜੇਹੜਾ ਮਨੁੱਖ ਆਪਾ-ਭਾਵ ਦੂਰ ਕਰ ਲੈਂਦਾ ਹੈ ਉਹ ਸ਼ੁਭ ਗੁਣਾਂ ਨੂੰ ਆਪਣੇ ਮਨ ਵਿਚ ਵਸਾਂਦਾ ਹੈ ॥੧॥ ਰਹਾਉ ॥
9575	222	ਮਨੁ ਭੂਲੋ ਬਹੁ ਚਿਤੈ ਵਿਕਾਰੁ॥		Man Bhoolo Bahu Chithai Vikaar ||	The deluded mind thinks of all sorts of corruption.	(ਮਾਇਆ-ਵੱਸ ਹੋ ਕੇ ਜਿਤਨਾ ਚਿਰ) ਮਨ ਕੁਰਾਹੇ ਪਿਆ ਰਹਿੰਦਾ ਹੈ, ਉਤਨਾ ਚਿਰ ਇਹ ਵਿਕਾਰ ਹੀ ਵਿਕਾਰ ਚਿਤਵਦਾ ਰਹਿੰਦਾ ਹੈ।

9576	222	ਮਨੁ ਭੂਲੋ ਸਿਰਿ ਆਵੈ ਭਾਰੁ॥		Man Bhoolo Sir Aavai Bhaar ||	When the mind is deluded, the load of wickedness falls on the head.	(ਜਿਤਨਾ ਚਿਰ) ਮਨ ਕੁਰਾਹੇ ਪਿਆ ਰਹਿੰਦਾ ਹੈ, (ਮਨੁੱਖ ਦੇ) ਸਿਰ ਉਤੇ ਵਿਕਾਰਾਂ ਦਾ ਬੋਝ ਇਕੱਠਾ ਹੁੰਦਾ ਜਾਂਦਾ ਹੈ।
9577	222	ਮਨੁ ਮਾਨੈ ਹਰਿ ਏਕੰਕਾਰੁ॥੨॥		Man Maanai Har Eaekankaar ||2||	But when the mind surrenders to the Lord, it realizes the One and Only Lord. ||2||	ਪਰ ਜਦੋਂ (ਗੁਰੂ ਤੋਂ ਸਿੱਖਿਆ ਲੈ ਕੇ) ਮਨ (ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ) ਪਰਚਦਾ ਹੈ, ਤਦੋਂ ਇਹ ਪਰਮਾਤਮਾ ਨਾਲ ਇਕ-ਸੁਰ ਹੋ ਜਾਂਦਾ ਹੈ ॥੨॥
9578	222	ਮਨੁ ਭੂਲੋ ਮਾਇਆ ਘਰਿ ਜਾਇ॥		Man Bhoolo Maaeiaa Ghar Jaae ||	The deluded mind enters the house of Maya.	(ਮਾਇਆ ਦੇ ਅਸਰ ਹੇਠ ਆ ਕੇ) ਕੁਰਾਹੇ ਪਿਆ ਮਨ ਮਾਇਆ ਦੇ ਘਰ ਵਿਚ (ਮੁੜ ਮੁੜ) ਜਾਂਦਾ ਹੈ,
9579	222	ਕਾਮਿ ਬਿਰੂਧਉ ਰਹੈ ਨ ਠਾਇ॥	(ਬਿ-ਰੂਧਉ) (ਬਿ) ਵਿਸ਼ੇਸ਼ ਕਰਕੇ (ਰੂਧਉ) ਰੋਕਿਆ ਹੈ ਕਾਮਿ ਨੇ	Kaam Biroodhho Rehai N Thaae ||	Engrossed in sexual desire, it does not remain steady.	ਕਾਮ-ਵਾਸਨਾ ਵਿਚ ਫਸਿਆ ਹੋਇਆ ਮਨ ਟਿਕਾਣੇ-ਸਿਰ ਨਹੀਂ ਰਹਿੰਦਾ।
9580	222	ਹਰਿ ਭਜੁ ਪ੍ਰਾਣੀ ਰਸਨ ਰਸਾਇ॥੩॥	ਭਜੁ: ਪੋਲਾ ਬੋਲੋ	Har Bhaj Praanee Rasan Rasaae ||3||	O mortal, lovingly vibrate the Lord's Name with your tongue. ||3||	(ਇਸ ਮਾਇਆ ਦੇ ਪ੍ਰਭਾਵ ਤੋਂ ਬਚਣ ਲਈ) ਹੇ ਪ੍ਰਾਣੀ! ਆਪਣੀ ਜੀਭ ਨੂੰ (ਅੰਮ੍ਰਿਤ ਰਸ ਵਿਚ) ਰਸਾ ਕੇ ਪਰਮਾਤਮਾ ਦਾ ਭਜਨ ਕਰ ॥੩॥
9581	222	ਗੈਵਰ ਹੈਵਰ ਕੰਚਨ ਸੁਤ ਨਾਰੀ॥	(ਗੈਵਰ) ਸ੍ਰੇਸ਼ਟ ਹਾਥੀ। (ਹੈਵਰ) ਸ੍ਰੇਸ਼ਟ ਘੋੜੇ। (ਕੰਚਨ) ਸੋਨਾ	Gaivar Haivar Kanchan Suth Naaree ||	Elephants, horses, gold, children and spouses	ਵਧੀਆ ਹਾਥੀ, ਵਧੀਆ ਘੋੜੇ, ਸੋਨਾ, ਪੁੱਤਰ, ਇਸਤ੍ਰੀ-(ਇਹਨਾਂ ਦਾ ਮੋਹ ਜੂਏ ਦੀ ਖੇਡ ਹੈ।)

9582	222	ਬਹੁ ਚਿੰਤਾ ਪਿੜ ਚਾਲੈ ਹਾਰੀ॥		Bahu Chinthaa Pirr Chaalai Haaree ||	In the anxious affairs of all these, people lose the game and depart.	(ਪੁੱਤਰ ਇਸਤ੍ਰੀ ਆਦਿਕ ਦੇ ਮੋਹ ਦੇ ਕਾਰਨ) ਮਨ ਨੂੰ ਬਹੁਤ ਚਿੰਤਾ ਵਿਆਪਦੀ ਹੈ, ਤੇ, ਆਖ਼ਿਰ ਇਸ ਜਗਤ-ਅਖਾੜੇ ਤੋਂ ਮਨੁੱਖ ਬਾਜ਼ੀ ਹਾਰ ਕੇ ਜਾਂਦਾ ਹੈ।
9583	222	ਜੂਐ ਖੇਲਣੁ ਕਾਚੀ ਸਾਰੀ॥੪॥	(ਨਰਦ) ਬਾਜ਼ੀ	Jooai Khaelan Kaachee Saaree ||4||	In the game of chess, their pieces do not reach their destination. ||4||	(ਜਿਵੇਂ) ਜੂਏ ਦੀ ਖੇਡ (ਚਉਪੜ ਦੀਆਂ) ਕੱਚੀਆਂ ਨਰਦਾਂ (ਮੁੜ ਮੁੜ ਮਾਰ ਖਾਂਦੀਆਂ ਹਨ, ਤਿਵੇਂ ਇਸ ਜੂਏ ਦੀ ਖੇਡ ਖੇਡਣ ਵਾਲੇ ਦਾ ਮਨ ਕਮਜ਼ੋਰ ਰਹਿ ਕੇ ਵਿਕਾਰਾਂ ਦੀਆਂ ਚੋਟਾਂ ਖਾਂਦਾ ਰਹਿੰਦਾ ਹੈ) ॥੪॥
9584	222	ਸੰਪਉ ਸੰਚੀ ਭਏ ਵਿਕਾਰ॥	(ਸੰਪਉ) ਧਨ। (ਸੰਚੀ) ਇਕੱਠਾ ਕੀਤਾ	Sanpo Sanchee Bheae Vikaar ||	They gather wealth, but only evil comes from it.	ਜਿਉਂ ਜਿਉਂ ਮਨੁੱਖ ਧਨ ਜੋੜਦਾ ਹੈ ਮਨ ਵਿਚ ਵਿਕਾਰ ਪੈਦਾ ਹੁੰਦੇ ਜਾਂਦੇ ਹਨ,
9585	222	ਹਰਖ ਸੋਕ ਉਭੇ ਦਰਵਾਰਿ॥	(ਉਭੇ) ਖੜੇ	Harakh Sok Oubhae Dharavaar ||	Pleasure and pain stand in the doorway.	(ਕਦੇ ਖ਼ੁਸ਼ੀ ਕਦੇ ਚਿੰਤਾ) ਇਹ ਖ਼ੁਸ਼ੀ ਤੇ ਸਹਮ ਸਦਾ ਮਨੁੱਖ ਦੇ ਬੂਹੇ ਉਤੇ ਖਲੋਤੇ ਹੀ ਰਹਿੰਦੇ ਹਨ।
9586	222	ਸੁਖੁ ਸਹਜੇ ਜਪਿ ਰਿਦੈ ਮੁਰਾਰਿ॥੫॥		Sukh Sehajae Jap Ridhai Muraar ||5||	Intuitive peace comes by meditating on the Lord, within the heart. ||5||	ਪਰ ਹਿਰਦੇ ਵਿਚ ਪਰਮਾਤਮਾ ਦਾ ਸਿਮਰਨ ਕੀਤਿਆਂ ਮਨ ਅਡੋਲ ਅਵਸਥਾ ਵਿਚ ਟਿਕ ਜਾਂਦਾ ਹੈ ਤੇ ਆਤਮਕ ਆਨੰਦ ਮਾਣਦਾ ਹੈ ॥੫॥

9587	222	ਨਦਰਿ ਕਰੇ ਤਾ ਮੇਲਿ ਮਿਲਾਏ॥		Nadhar Karae Thaa Mael Milaaeae ||	When the Lord bestows His Glance of Grace, then He unites us in His Union.	(ਪਰ ਜੀਵ ਦੇ ਕੀਹ ਵੱਸ?) ਜਦੋਂ ਪਰਮਾਤਮਾ ਮਿਹਰ ਦੀ ਨਿਗਾਹ ਕਰਦਾ ਹੈ, ਤਦੋਂ ਗੁਰੂ ਇਸ ਨੂੰ ਆਪਣੇ ਸ਼ਬਦ ਵਿਚ ਜੋੜ ਕੇ ਪ੍ਰਭੂ-ਚਰਨਾਂ ਵਿਚ ਮਿਲਾ ਦੇਂਦਾ ਹੈ।
9588	222	ਗੁਣ ਸੰਗ੍ਰਹਿ ਅਉਗਣ ਸਬਦਿ ਜਲਾਏ॥	(ਸੰਗ੍ਰਹਿ) ਇਕੱਠੇ ਕਰੇ	Gun Sangrehi Aougan Sabadh Jalaaeae ||	Through the Word of the Shabad, merits are gathered in, and demerits are burned away.	(ਗੁਰੂ ਦੇ ਸਨਮੁਖ ਹੋ ਕੇ) ਜੀਵ ਆਤਮਕ ਗੁਣ (ਆਪਣੇ ਅੰਦਰ) ਇਕੱਠੇ ਕਰ ਕੇ ਗੁਰ-ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਔਗੁਣ ਸਾੜ ਦੇਂਦਾ ਹੈ।
9589	222	ਗੁਰਮੁਖਿ ਨਾਮੁ ਪਦਾਰਥੁ ਪਾਏ॥੬॥		Guramukh Naam Padhaarathh Paaeae ||6||	The Gurmukh obtains the treasure of the Naam, the Name of the Lord. ||6||	ਗੁਰੂ ਦੇ ਸਨਮੁਖ ਹੋ ਕੇ ਮਨੁੱਖ ਨਾਮ-ਧਨ ਲੱਭ ਲੈਂਦਾ ਹੈ ॥੬॥
9590	222	ਬਿਨੁ ਨਾਵੈ ਸਭ ਦੂਖ ਨਿਵਾਸੁ॥		Bin Naavai Sabh Dhookh Nivaas ||	Without the Name, all live in pain.	ਪ੍ਰਭੂ ਦੇ ਨਾਮ ਵਿਚ ਜੁੜਨ ਤੋਂ ਬਿਨਾ ਮਨੁੱਖ ਦੇ ਮਨ ਵਿਚ ਸਾਰੇ ਦੁੱਖ-ਕਲੇਸ਼ਾਂ ਦਾ ਡੇਰਾ ਆ ਲੱਗਦਾ ਹੈ,
9591	222	ਮਨਮੁਖ ਮੂੜ ਮਾਇਆ ਚਿਤ ਵਾਸੁ॥		Manamukh Moorr Maaeiaa Chith Vaas ||	The consciousness of the foolish, self-willed manmukh is the dwelling place of Maya.	ਮੂਰਖ ਮਨਮੁਖ ਦੇ ਚਿੱਤ ਦਾ ਵਾਸਾ ਮਾਇਆ (ਦੇ ਮੋਹ) ਵਿਚ ਹੀ ਰਹਿੰਦਾ ਹੈ।

9592	222	ਗੁਰਮੁਖਿ ਗਿਆਨੁ ਧੁਰਿ ਕਰਮਿ ਲਿਖਿਆਸੁ॥੭॥		Guramukh Giaan Dhhur Karam Likhiaas ||7||	The Gurmukh obtains spiritual wisdom, according to pre-ordained destiny. ||7||	ਧੁਰੋਂ ਪਰਮਾਤਮਾ ਦੀ ਮਿਹਰ ਨਾਲ (ਜਿਸ ਦੇ ਮੱਥੇ ਉਤੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ) ਲੇਖ ਉੱਘੜਦਾ ਹੈ, ਉਹ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ ॥੭॥
9593	222	ਮਨੁ ਚੰਚਲੁ ਧਾਵਤੁ ਫੁਨਿ ਧਾਵੈ॥		Man Chanchal Dhhaavath Fun Dhhaavai ||	The fickle mind continuously runs after fleeting things.	(ਆਤਮਕ ਗੁਣਾਂ ਤੋਂ ਸੱਖਣਾ) ਮਨ ਚੰਚਲ ਰਹਿੰਦਾ ਹੈ (ਮਾਇਆ ਦੇ ਪਿੱਛੇ) ਦੌੜਦਾ ਹੈ ਮੁੜ ਮੁੜ ਦੌੜਦਾ ਹੈ।
9594	222	ਸਾਚੇ ਸੂਚੇ ਮੈਲੁ ਨ ਭਾਵੈ॥		Saachae Soochae Mail N Bhaavai ||	The Pure True Lord is not pleased by filth.	ਸਦਾ-ਥਿਰ ਰਹਿਣ ਵਾਲੇ ਤੇ (ਵਿਕਾਰਾਂ ਦੀ ਭਿੱਟ ਤੋਂ) ਸੁੱਚੇ ਪਰਮਾਤਮਾ ਨੂੰ (ਮਨੁੱਖ ਦੇ ਮਨ ਦੀ ਇਹ) ਮੈਲ ਚੰਗੀ ਨਹੀਂ ਲੱਗਦੀ (ਇਸ ਵਾਸਤੇ ਇਹ ਪਰਮਾਤਮਾ ਤੋਂ ਵਿਛੁੜਿਆ ਰਹਿੰਦਾ ਹੈ)।
9595	222	ਨਾਨਕ ਗੁਰਮੁਖਿ ਹਰਿ ਗੁਣ ਗਾਵੈ॥੮॥੩॥		Naanak Guramukh Har Gun Gaavai ||8||3||	O Nanak, the Gurmukh sings the Glorious Praises of the Lord. ||8||3||	ਹੇ ਨਾਨਕ! ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਪਰਮਾਤਮਾ ਦੇ ਗੁਣ ਗਾਂਦਾ ਹੈ (ਤੇ ਉਸ ਦਾ ਜਨਮ-ਮਨੋਰਥ ਸਿਰੇ ਚੜ੍ਹ ਜਾਂਦਾ ਹੈ) ॥੮॥੩॥
9596	222	ਗਉੜੀ ਗੁਆਰੇਰੀ ਮਹਲਾ ੧॥		Gourree Guaaraeree Mehalaa 1 ||	Gauree Gwaarayree, First Mehl:	

9597	222	ਹਉਮੈ ਕਰਤਿਆ ਨਹ ਸੁਖੁ ਹੋਇ॥		Houmai Karathiaa Neh Sukh Hoe ||	Acting in egotism, peace is not obtained.	(ਆਪਣੇ ਮਨ ਦੀ ਅਗਵਾਈ ਵਿਚ ਰਹਿ ਕੇ) ਹਰ ਵੇਲੇ ਆਪਣੇ ਹੀ ਵਡੱਪਣ ਤੇ ਸੁਖ ਦੀਆਂ ਗੱਲਾਂ ਕਰਦਿਆਂ ਸੁਖ ਨਹੀਂ ਮਿਲ ਸਕਦਾ।
9598	222	ਮਨਮਤਿ ਝੂਠੀ ਸਚਾ ਸੋਇ॥		Manamath Jhoothee Sachaa Soe ||	The intellect of the mind is false; only the Lord is True.	ਮਨ ਦੀ ਸਿਆਣਪ ਨਾਸਵੰਤ ਪਦਾਰਥਾਂ ਵਿਚ (ਜੋੜਦੀ ਹੈ), ਉਹ ਪਰਮਾਤਮਾ ਸਦਾ-ਥਿਰ ਰਹਿਣ ਵਾਲਾ ਹੈ (ਤੇ ਸੁਖ ਦਾ ਸੋਮਾ ਹੈ। 'ਮਨ ਮਤਿ' ਤੇ 'ਪਰਮਾਤਮਾ' ਦਾ ਸੁਭਾਉ ਵੱਖ-ਵੱਖ ਹੈ, ਦੋਹਾਂ ਦਾ ਮੇਲ ਨਹੀਂ।
9599	222	ਸਗਲ ਬਿਗੂਤੇ ਭਾਵੈ ਦੋਇ॥	(ਬਿਗੂਤੇ) ਖਰਾਬ ਹੋਏ। (ਦੋਇ) ਦ੍ਵੈਤ (ਭਾਵੈ) ਚੰਗਾ ਲੱਗਾ	Sagal Bigoothae Bhaavai Dhoe ||	All who love duality are ruined.	ਸੁਖ ਕਿਥੋਂ ਆਵੇ?) ਜਿਨ੍ਹਾਂ ਨੂੰ (ਨਾਮ ਵਿਸਾਰ ਕੇ) ਮੇਰ-ਤੇਰ ਚੰਗੀ ਲੱਗਦੀ ਹੈ, ਉਹ ਸਾਰੇ ਖੁਆਰ ਹੀ ਹੁੰਦੇ ਹਨ।
9600	222	ਸੋ ਕਮਾਵੈ ਧੁਰਿ ਲਿਖਿਆ ਹੋਇ॥੧॥		So Kamaavai Dhhur Likhiaa Hoe ||1||	People act as they are pre-ordained. ||1||	(ਪਰ ਜੀਵ ਦੇ ਕੀਹ ਵੱਸ?) (ਕੀਤੇ ਕਰਮਾਂ ਅਨੁਸਾਰ ਜੀਵ ਦੇ ਮੱਥੇ ਉਤੇ) ਜੋ ਧੁਰੋਂ ਲੇਖ ਲਿਖਿਆ ਹੁੰਦਾ ਹੈ, ਉਸੇ ਦੇ ਅਨੁਸਾਰ ਇਥੇ ਕਮਾਈ ਕਰਦਾ ਹੈ (ਨਾਮ-ਸਿਮਰਨ ਛੱਡ ਕੇ ਨਾਸਵੰਤ ਪਦਾਰਥਾਂ ਵਿਚੋਂ ਸੁਖ ਭਾਲਣ ਦੇ ਵਿਅਰਥ ਜਤਨ ਕਰਦਾ ਹੈ) ॥੧॥
9601	222	ਐਸਾ ਜਗੁ ਦੇਖਿਆ ਜੂਆਰੀ॥	ਜੱਗੁ	Aisaa Jag Dhaekhiaa Jooaaree ||	I have seen the world to be such a gambler;	ਮੈਂ ਵੇਖਿਆ ਹੈ ਕਿ ਜਗਤ ਜੂਏ ਦੀ ਖੇਡ ਖੇਡਦਾ ਹੈ,

9602	222	ਸਭਿ ਸੁਖ ਮਾਗੈ ਨਾਮੁ ਬਿਸਾਰੀ॥੧॥ਰਹਾਉ ॥		Sabh Sukh Maagai Naam Bisaaree ||1|| Rehaao ||	All beg for peace, but they forget the Naam, the Name of the Lord. ||1||Pause||	ਅਜੇਹੀ (ਖੇਡ ਖੇਡਦਾ ਹੈ ਕਿ) ਸੁਖ ਤਾਂ ਸਾਰੇ ਹੀ ਮੰਗਦਾ ਹੈ, ਪਰ (ਜਿਸ ਨਾਮ ਤੋਂ ਸੁਖ ਮਿਲਦੇ ਹਨ ਉਸ) ਨਾਮ ਨੂੰ ਵਿਸਾਰ ਰਿਹਾ ਹੈ ॥੧॥ ਰਹਾਉ ॥
9603	222	ਅਦਿਸਟੁ ਦਿਸੈ ਤਾ ਕਹਿਆ ਜਾਇ॥		Adhisatt Dhisai Thaa Kehiaa Jaae ||	If the Unseen Lord could be seen, then He could be described.	ਪਰਮਾਤਮਾ (ਇਹਨਾਂ ਅੱਖਾਂ ਨਾਲ) ਦਿੱਸਦਾ ਨਹੀਂ; ਜੇ ਅੱਖੀਂ ਦਿੱਸੇ, ਤਾਂ ਹੀ (ਉਸ ਨੂੰ ਮਿਲਣ ਦੀ ਖਿੱਚ ਪੈਦਾ ਹੋਵੇ, ਤੇ) ਉਸ ਦਾ ਨਾਮ ਲੈਣ ਨੂੰ ਚਿੱਤ ਕਰੇ।
9604	222	ਬਿਨੁ ਦੇਖੇ ਕਹਣਾ ਬਿਰਥਾ ਜਾਇ॥		Bin Dhaekhae Kehanaa Birathhaa Jaae ||	Without seeing Him, all descriptions are useless.	ਅੱਖੀਂ ਦਿੱਸਣ ਤੋਂ ਬਿਨਾ (ਉਸ ਦੇ ਦੀਦਾਰ ਦੀ ਖਿੱਚ ਨਹੀਂ ਬਣਦੀ ਤੇ ਤਾਂਘ ਨਾਲ) ਉਸ ਦਾ ਨਾਮ ਲਿਆ ਨਹੀਂ ਜਾ ਸਕਦਾ (ਖਿੱਚ ਬਣੀ ਰਹਿੰਦੀ ਹੈ ਦਿੱਸਦੇ ਪਦਾਰਥਾਂ ਨਾਲ)।
9605	222	ਗੁਰਮੁਖਿ ਦੀਸੈ ਸਹਜਿ ਸੁਭਾਇ॥		Guramukh Dheesai Sehaj Subhaae ||	The Gurmukh sees Him with intuitive ease.	ਗੁਰੂ ਦੇ ਸਨਮੁਖ ਰਿਹਾਂ ਮਨੁੱਖ ਦਾ ਮਨ (ਦਿੱਸਦੇ ਪਦਾਰਥਾਂ ਵਲੋਂ ਹਟ ਕੇ) ਅਡੋਲਤਾ ਵਿਚ ਟਿਕਦਾ ਹੈ, ਪ੍ਰਭੂ-ਪ੍ਰੇਮ ਵਿਚ ਲੀਨ ਹੁੰਦਾ ਹੈ ਤੇ ਇਸ ਤਰ੍ਹਾਂ ਅੰਤਰ-ਆਤਮੇ ਉਹ ਪ੍ਰਭੂ ਦਿੱਸ ਪੈਂਦਾ ਹੈ।
9606	222	ਸੇਵਾ ਸੁਰਤਿ ਏਕ ਲਿਵ ਲਾਇ॥੨॥		Saevaa Surath Eaek Liv Laae ||2||	So serve the One Lord, with loving awareness. ||2||	ਗੁਰੂ ਦੇ ਸਨਮੁਖ ਮਨੁੱਖ ਦੀ ਸੁਰਤ ਗੁਰੂ ਦੀ ਦੱਸੀ ਸੇਵਾ ਵਿਚ ਜੁੜਦੀ ਹੈ, ਉਸ ਦੀ ਲਿਵ ਇਕ ਪਰਮਾਤਮਾ ਵਿਚ ਲੱਗਦੀ ਹੈ ॥੨॥

9607	222	ਸੁਖੁ ਮਾਂਗਤ ਦੁਖੁ ਆਗਲ ਹੋਇ॥	(ਆਗਲ) ਬਹੁਤਾ	Sukh Maangath Dhukh Aagal Hoe ||	People beg for peace, but they receive severe pain.	(ਪ੍ਰਭੂ ਦਾ ਨਾਮ ਵਿਸਾਰ ਕੇ) ਸੁਖ ਮੰਗਿਆਂ (ਸਗੋਂ) ਬਹੁਤਾ ਦੁੱਖ ਵਧਦਾ ਹੈ,
9608	222	ਸਗਲ ਵਿਕਾਰੀ ਹਾਰੁ ਪਰੋਇ॥		Sagal Vikaaree Haar Paroe ||	They are all weaving a wreath of corruption.	(ਕਿਉਂਕਿ) ਮਨੁੱਖ ਸਾਰੇ ਵਿਕਾਰਾਂ ਦਾ ਹਾਰ ਪ੍ਰੋ ਕੇ (ਆਪਣੇ ਗਲ ਵਿਚ ਪਾ ਲੈਂਦਾ ਹੈ)।
9609	222	ਏਕ ਬਿਨਾ ਝੂਠੇ ਮੁਕਤਿ ਨ ਹੋਇ॥		Eaek Binaa Jhoothae Mukath N Hoe ||	You are false - without the One, there is no liberation.	ਨਾਸਵੰਤ ਪਦਾਰਥਾਂ ਦੇ ਮੋਹ ਵਿਚ ਫਸੇ ਹੋਏ ਨੂੰ ਪਰਮਾਤਮਾ ਦੇ ਨਾਮ ਤੋਂ ਬਿਨਾ (ਦੁੱਖਾਂ ਤੇ ਵਿਕਾਰਾਂ ਤੋਂ) ਖ਼ਲਾਸੀ ਹਾਸਲ ਨਹੀਂ ਹੁੰਦੀ।
9610	222	ਕਰਿ ਕਰਿ ਕਰਤਾ ਦੇਖੈ ਸੋਇ॥੩॥		Kar Kar Karathaa Dhaekhai Soe ||3||	The Creator created the creation, and He watches over it. ||3||	(ਪ੍ਰਭੂ ਦੀ ਇਉਂ ਹੀ ਰਜ਼ਾ ਹੈ) ਉਹ ਕਰਤਾਰ ਆਪ ਹੀ ਸਭ ਕੁਝ ਕਰ ਕੇ ਆਪ ਹੀ ਇਸ ਖੇਡ ਨੂੰ ਵੇਖ ਰਿਹਾ ਹੈ ॥੩॥
9611	222	ਤ੍ਰਿਸਨਾ ਅਗਨਿ ਸਬਦਿ ਬੁਝਾਏ॥	ਬੁਝਾਏ: ਪੋਲਾ ਬੋਲੋ	Thrisanaa Agan Sabadh Bujhaaeae ||	The fire of desire is quenched by the Word of the Shabad.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ (ਆਪਣੇ ਅੰਦਰੋਂ) ਤ੍ਰਿਸ਼ਨਾ ਦੀ ਅੱਗ ਬੁਝਾਂਦਾ ਹੈ;
9612	222	ਦੂਜਾ ਭਰਮੁ ਸਹਜਿ ਸੁਭਾਏ॥		Dhoojaa Bharam Sehaj Subhaaeae ||	Duality and doubt are automatically eliminated.	ਅਡੋਲ ਅਵਸਥਾ ਵਿਚ ਟਿਕ ਕੇ ਪ੍ਰਭੂ ਦੇ ਪ੍ਰੇਮ ਵਿਚ ਜੁੜ ਕੇ ਉਸ ਦੀ ਮਾਇਕ ਪਦਾਰਥਾਂ ਵਲ ਦੀ ਭਟਕਣਾ ਮੁੱਕ ਜਾਂਦੀ ਹੈ।
9613	222	ਗੁਰਮਤੀ ਨਾਮੁ ਰਿਦੈ ਵਸਾਏ॥		Guramathee Naam Ridhai Vasaaeae ||	Following the Guru's Teachings, the Naam abides in the heart.	ਗੁਰੂ ਦੀ ਸਿੱਖਿਆ ਉਤੇ ਤੁਰ ਕੇ ਉਹ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਂਦਾ ਹੈ।

9614	222	ਸਾਚੀ ਬਾਣੀ ਹਰਿ ਗੁਣ ਗਾਏ॥੪॥		Saachee Baanee Har Gun Gaaeae ||4||	Through the True Word of His Bani, sing the Glorious Praises of the Lord. ||4||	ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ ਉਹ ਪਰਮਾਤਮਾ ਦੇ ਗੁਣ ਗਾਂਦਾ ਹੈ (ਤੇ ਉਸ ਦੇ ਅੰਦਰ ਆਤਮਕ ਆਨੰਦ ਪੈਦਾ ਹੁੰਦਾ ਹੈ) ॥੪॥
9615	222	ਤਨ ਮਹਿ ਸਾਚੋ ਗੁਰਮੁਖਿ ਭਾਉ॥		Than Mehi Saacho Guramukh Bhaao ||	The True Lord abides within the body of that Gurmukh who enshrines love for Him.	(ਉਂਞ ਤਾਂ) ਹਰੇਕ ਸਰੀਰ ਵਿਚ ਸਦਾ-ਥਿਰ ਪ੍ਰਭੂ ਵੱਸਦਾ ਹੈ, ਪਰ ਗੁਰੂ ਦੀ ਸਰਨ ਪਿਆਂ ਹੀ ਉਸ ਦੇ ਨਾਲ ਪ੍ਰੇਮ ਜਾਗਦਾ ਹੈ (ਤੇ ਮਨੁੱਖ ਨਾਮ ਸਿਮਰਦਾ ਹੈ।)
9616	222	ਨਾਮ ਬਿਨਾ ਨਾਹੀ ਨਿਜ ਠਾਉ॥	ਨਿੱਜ	Naam Binaa Naahee Nij Thaao ||	Without the Naam, none obtain their own place.	ਨਾਮ ਤੋਂ ਬਿਨਾ ਮਨ ਇੱਕ ਟਿਕਾਣੇ ਉਤੇ ਆ ਹੀ ਨਹੀਂ ਸਕਦਾ।
9617	222	ਪ੍ਰੇਮ ਪਰਾਇਣ ਪ੍ਰੀਤਮ ਰਾਉ॥	(ਪਰਾਇਣ) ਵੱਸ	Praem Paraaein Preetham Raao ||	The Beloved Lord King is dedicated to love.	ਪ੍ਰੀਤਮ ਪ੍ਰਭੂ ਭੀ ਪ੍ਰੇਮ ਦੇ ਅਧੀਨ ਹੈ (ਜੇਹੜਾ ਉਸ ਨਾਲ ਪ੍ਰੇਮ ਕਰਦਾ ਹੈ),
9618	222	ਨਦਰਿ ਕਰੇ ਤਾ ਬੂਝੈ ਨਾਉ॥੫॥	ਬੂੱਝੈ	Nadhar Karae Thaa Boojhai Naao ||5||	If He bestows His Glance of Grace, then we realize His Name. ||5||	ਪ੍ਰਭੂ ਉਸ ਉਤੇ ਮਿਹਰ ਦੀ ਨਜ਼ਰ ਕਰਦਾ ਹੈ ਤੇ ਉਹ ਉਸ ਦੇ ਨਾਮ ਦੀ ਕਦਰ ਸਮਝਦਾ ਹੈ ॥੫॥
9619	222	ਮਾਇਆ ਮੋਹੁ ਸਰਬ ਜੰਜਾਲਾ॥		Maaeiaa Mohu Sarab Janjaalaa ||	Emotional attachment to Maya is total entanglement.	ਮਾਇਆ ਦਾ ਮੋਹ ਸਾਰੇ (ਮਾਇਕ) ਬੰਧਨ ਪੈਦਾ ਕਰਦਾ ਹੈ।
9620	222	ਮਨਮੁਖ ਕੁਚੀਲ ਕੁਛਿਤ ਬਿਕਰਾਲਾ॥	ਜ਼ੋਰ ਜ਼ੁਲਮ ਵਿਕਾਰਾਂ ਔਗੁਣਾਂ ਕਰਕੇ (ਕੁਚੀਲ) ਅਪਵਿੱਤ੍ਰ। (ਕੁ-ਛਿੱਤ) ਖੋਟੀ ਬੁੱਧੀ। (ਬਿਕਰਾਲਾ) ਭਿਆਨਕ	Manamukh Kucheel Kushhith Bikaraalaa ||	The self-willed manmukh is filthy, cursed and dreadful.	(ਇਸੇ ਕਰਕੇ) ਮਨ ਦੇ ਮੁਰੀਦ ਮਨੁੱਖ ਦਾ ਜੀਵਨ ਗੰਦਾ ਭੈੜਾ ਤੇ ਡਰਾਉਣਾ ਬਣ ਜਾਂਦਾ ਹੈ।

9621	222	ਸਤਿਗੁਰੁ ਸੇਵੇ ਚੂਕੈ ਜੰਜਾਲਾ॥		Sathigur Saevae Chookai Janjaalaa ||	Serving the True Guru, these entanglements are ended.	ਜੇਹੜਾ ਮਨੁੱਖ ਗੁਰੂ ਦਾ ਦੱਸਿਆ ਰਸਤਾ ਫੜਦਾ ਹੈ, ਉਸ ਦੇ ਮਾਇਆ ਵਾਲੇ ਬੰਧਨ ਟੁੱਟ ਜਾਂਦੇ ਹਨ।
9622	222	ਅੰਮ੍ਰਿਤ ਨਾਮੁ ਸਦਾ ਸੁਖੁ ਨਾਲਾ॥੬॥	ਨਾਲਾ: ਪੋਲਾ ਬੋਲੋ	Anmrith Naam Sadhaa Sukh Naalaa ||6||	In the Ambrosial Nectar of the Naam, you shall abide in lasting peace. ||6||	ਉਹ ਆਤਮਕ ਜੀਵਨ ਦੇਣ ਵਾਲਾ ਨਾਮ ਜਪਦਾ ਹੈ, ਤੇ ਸਦਾ ਹੀ ਆਤਮਕ ਆਨੰਦ ਆਪਣੇ ਅੰਦਰ ਮਾਣਦਾ ਹੈ ॥੬॥
9623	222	ਗੁਰਮੁਖਿ ਬੂਝੈ ਏਕ ਲਿਵ ਲਾਏ॥		Guramukh Boojhai Eaek Liv Laaeae ||	The Gurmukhs understand the One Lord, and enshrine love for Him.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਨਾਮ ਦੀ ਕਦਰ) ਸਮਝਦਾ ਹੈ, ਇਕ ਪਰਮਾਤਮਾ ਵਿਚ ਸੁਰਤ ਜੋੜਦਾ ਹੈ,
9624	222	ਨਿਜ ਘਰਿ ਵਾਸੈ ਸਾਚਿ ਸਮਾਏ॥		Nij Ghar Vaasai Saach Samaaeae ||	They dwell in the home of their own inner beings, and merge in the True Lord.	ਆਪਣੇ ਸ੍ਵੈ ਸਰੂਪ ਵਿਚ ਟਿਕਿਆ ਰਹਿੰਦਾ ਹੈ, ਸਦਾ-ਥਿਰ ਪ੍ਰਭੂ (ਦੇ ਚਰਨਾਂ) ਵਿਚ ਲੀਨ ਰਹਿੰਦਾ ਹੈ।
9625	222	ਜੰਮਣੁ ਮਰਣਾ ਠਾਕਿ ਰਹਾਏ॥	(ਠਾਕਿ) ਦੂਰ ਕਰਦਾ	Janman Maranaa Thaak Rehaaeae ||	The cycle of birth and death is ended.	ਉਹ ਆਪਣਾ ਜਨਮ ਮਰਨ ਦਾ ਗੇੜ ਰੋਕ ਲੈਂਦਾ ਹੈ।
9626	222	ਪੂਰੇ ਗੁਰ ਤੇ ਇਹ ਮਤਿ ਪਾਏ॥੭॥		Poorae Gur Thae Eih Math Paaeae ||7||	This understanding is obtained from the Perfect Guru. ||7||	ਪਰ ਇਹ ਅਕਲ ਉਹ ਪੂਰੇ ਗੁਰੂ ਤੋਂ ਹੀ ਪ੍ਰਾਪਤ ਕਰਦਾ ਹੈ ॥੭॥
9627	222	ਕਥਨੀ ਕਥਉ ਨ ਆਵੈ ਓਰੁ॥	(ਓਰੁ) ਅੰਤ	Kathhanee Kathho N Aavai Our ||	Speaking the speech, there is no end to it.	ਜਿਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਮੈਂ ਉਸ ਦੇ ਗੁਣ ਗਾਂਦਾ ਹਾਂ।

9628	223	ਗੁਰੁ ਪੁਛਿ ਦੇਖਿਆ ਨਾਹੀ ਦਰੁ ਹੋਰੁ॥		Gur Pushh Dhaekhiaa Naahee Dhar Hor ||	I have consulted the Guru, and I have seen that there is no other door than His.	ਮੈਂ ਆਪਣੇ ਗੁਰੂ ਨੂੰ ਪੁੱਛ ਕੇ ਵੇਖ ਲਿਆ ਹੈ ਕਿ (ਉਸ ਪ੍ਰਭੂ ਤੋਂ ਬਿਨਾ ਸੁਖ ਦਾ) ਹੋਰ ਕੋਈ ਟਿਕਾਣਾ ਨਹੀਂ ਹੈ।
9629	223	ਦੁਖੁ ਸੁਖੁ ਭਾਣੈ ਤਿਸੈ ਰਜਾਇ॥		Dhukh Sukh Bhaanai Thisai Rajaae ||	Pain and pleasure reside in the Pleasure of His Will and His Command.	ਜੀਵਾਂ ਨੂੰ ਦੁਖ ਤੇ ਸੁਖ ਉਸ ਪ੍ਰਭੂ ਦੀ ਰਜ਼ਾ ਵਿਚ ਹੀ ਉਸ ਪ੍ਰਭੂ ਦੇ ਭਾਣੇ ਵਿਚ ਹੀ ਮਿਲਦਾ ਹੈ।
9630	223	ਨਾਨਕੁ ਨੀਚੁ ਕਹੈ ਲਿਵ ਲਾਇ॥੮॥੪॥		Naanak Neech Kehai Liv Laae ||8||4||	Nanak, the lowly, says embrace love for the Lord. ||8||4||	ਅੰਞਾਣ-ਮਤਿ ਨਾਨਕ (ਪ੍ਰਭੂ-ਚਰਨਾਂ ਵਿਚ) ਸੁਰਤ ਜੋੜ ਕੇ ਪ੍ਰਭੂ ਦੀ ਸਿਫ਼ਤ-ਸਾਲਾਹ ਹੀ ਕਰਦਾ ਹੈ (ਇਸੇ ਵਿਚ ਹੀ ਸੁਖ ਹੈ) ॥੮॥੪॥
9631	223	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
9632	223	ਦੂਜੀ ਮਾਇਆ ਜਗਤ ਚਿਤ ਵਾਸੁ॥	ਜੱਗ–ਤ	Dhoojee Maaeiaa Jagath Chith Vaas ||	The duality of Maya dwells in the consciousness of the people of the world.	ਪਰਮਾਤਮਾ ਤੋਂ ਵਿੱਥ ਪਾਉਣ ਵਾਲੀ (ਪਰਮਾਤਮਾ ਦੀ) ਮਾਇਆ (ਹੀ ਹੈ ਜਿਸ ਨੇ) ਜਗਤ ਦੇ ਜੀਵਾਂ ਦੇ ਮਨਾਂ ਵਿਚ ਆਪਣਾ ਟਿਕਾਣਾ ਬਣਾਇਆ ਹੋਇਆ ਹੈ।
9633	223	ਕਾਮ ਕ੍ਰੋਧ ਅਹੰਕਾਰ ਬਿਨਾਸੁ ॥੧॥	(ਬਿਨਾਸੁ) ਨਾਸ। ਅਹੰ–ਕਾਰ	Kaam Krodhh Ahankaar Binaas ||1||	They are destroyed by sexual desire, anger and egotism. ||1||	(ਇਸ ਮਾਇਆ ਤੋਂ ਪੈਦਾ ਹੋਏ) ਕਾਮ ਕ੍ਰੋਧ ਅਹੰਕਾਰ (ਆਦਿਕ ਵਿਕਾਰ ਜੀਵਾਂ ਦੇ ਆਤਮਕ ਜੀਵਨ ਦਾ) ਨਾਸ ਕਰ ਦੇਂਦੇ ਹਨ ॥੧॥

9634	223	ਦੂਜਾ ਕਉਣੁ ਕਹਾ ਨਹੀ ਕੋਈ॥		Dhoojaa Koun Kehaa Nehee Koee ||	Whom should I call the second, when there is only the One?	ਕਿਤੇ ਭੀ ਉਸ ਤੋਂ ਬਿਨਾ ਕੋਈ ਹੋਰ ਨਹੀਂ ਹੈ। ਉਸ ਪ੍ਰਭੂ ਤੋਂ ਵੱਖਰਾ (ਵੱਖਰੀ ਹੋਂਦ ਵਾਲਾ) ਮੈਂ ਕੋਈ ਭੀ ਦੱਸ ਨਹੀਂ ਸਕਦਾ।
9635	223	ਸਭ ਮਹਿ ਏਕੁ ਨਿਰੰਜਨੁ ਸੋਈ॥੧॥ਰਹਾਉ॥		Sabh Mehi Eaek Niranjan Soee ||1|| Rehaao ||	The One Immaculate Lord is pervading among all. ||1||Pause||	ਸਾਰੇ ਜੀਵਾਂ ਵਿਚ ਇਕ ਉਹੀ ਪਰਮਾਤਮਾ ਵੱਸ ਰਿਹਾ ਹੈ, ਜਿਸ ਉਤੇ ਮਾਇਆ ਦਾ ਪ੍ਰਭਾਵ ਨਹੀਂ ਪੈ ਸਕਦਾ ॥੧॥ ਰਹਾਉ ॥
9636	223	ਦੂਜੀ ਦੁਰਮਤਿ ਆਖੈ ਦੋਇ॥	(ਦੋਇ) ਦ੍ਵੈਤ	Dhoojee Dhuramath Aakhai Dhoe ||	The dual-minded evil intellect speaks of a second.	ਪਰਮਾਤਮਾ ਤੋਂ ਵਿੱਥ ਪੈਦਾ ਕਰਨ ਵਾਲੀ (ਮਾਇਆ ਦੇ ਕਾਰਨ ਹੀ ਮਨੁੱਖ ਦੀ) ਭੈੜੀ ਮਤਿ (ਮਨੁੱਖ ਨੂੰ) ਦੱਸਦੀ ਰਹਿੰਦੀ ਹੈ ਕਿ ਮਾਇਆ ਦੀ ਹਸਤੀ ਪ੍ਰਭੂ ਤੋਂ ਵੱਖਰੀ ਹੈ।
9637	223	ਆਵੈ ਜਾਇ ਮਰਿ ਦੂਜਾ ਹੋਇ॥੨॥		Aavai Jaae Mar Dhoojaa Hoe ||2||	One who harbors duality comes and goes and dies. ||2||	(ਇਸ ਦੁਰਮਤਿ ਦੇ ਅਸਰ ਹੇਠ) ਜੀਵ ਜੰਮਦਾ ਹੈ ਮਰਦਾ ਹੈ ਜੰਮਦਾ ਹੈ ਮਰਦਾ ਹੈ, (ਇਸ ਤਰ੍ਹਾਂ) ਆਤਮਕ ਮੌਤੇ ਮਰ ਕੇ ਪਰਮਾਤਮਾ ਤੋਂ ਵਿੱਥ ਤੇ ਹੋ ਜਾਂਦਾ ਹੈ ॥੨॥
9638	223	ਧਰਣਿ ਗਗਨ ਨਹ ਦੇਖਉ ਦੋਇ॥	ਵਾਹਿਗੁਰੂ ਜੀ ਤੋਂ ਬਿਨਾ (ਦੋਇ) ਦੂਸਰਾ	Dhharan Gagan Neh Dhaekho Dhoe ||	In the earth and in the sky, I do not see any second.	ਪਰ ਮੈਂ ਤਾਂ ਧਰਤੀ ਆਕਾਸ਼ ਵਿਚ, (ਕਿਤੇ ਭੀ ਪਰਮਾਤਮਾ ਤੋਂ ਬਿਨਾ) ਕੋਈ ਹੋਰ ਹਸਤੀ ਨਹੀਂ ਵੇਖਦਾ।
9639	223	ਨਾਰੀ ਪੁਰਖ ਸਬਾਈ ਲੋਇ॥੩॥	(ਸਬਾਈ) ਸਾਰੀ। (ਲੋਇ) ਸ੍ਰਿਸ਼ਟੀ	Naaree Purakh Sabaaee Loe ||3||	Among all the women and the men, His Light is shining. ||3||	ਇਸਤ੍ਰੀ ਪੁਰਖ ਵਿਚ, ਸਾਰੀ ਹੀ ਸ੍ਰਿਸ਼ਟੀ ਵਿਚ ਪਰਮਾਤਮਾ ਨੂੰ ਹੀ ਵੇਖਦਾ ਹਾਂ ॥੩॥

9640	223	ਰਵਿ ਸਸਿ ਦੇਖਉ ਦੀਪਕ ਉਜਿਆਲਾ॥		Rav Sas Dhaekho Dheepak Oujiaalaa ||	In the lamps of the sun and the moon, I see His Light.	ਮੈਂ ਸੂਰਜ ਚੰਦ੍ਰਮਾ (ਇਹਨਾਂ ਸ੍ਰਿਸ਼ਟੀ ਦੇ) ਦੀਵਿਆਂ ਦਾ ਚਾਨਣ ਤੱਕਦਾ ਹਾਂ।
9641	223	ਸਰਬ ਨਿਰੰਤਰਿ ਪ੍ਰੀਤਮੁ ਬਾਲਾ॥੪॥	(ਬੱਾਲਾ) ਬੇਪਰਵਾਹ	Sarab Niranthar Preetham Baalaa ||4||	Dwelling among all is my ever-youthful Beloved. ||4||	ਸਾਰਿਆਂ ਦੇ ਅੰਦਰ ਇਕ-ਰਸ ਮੈਨੂੰ ਸਦਾ-ਜਵਾਨ ਪ੍ਰੀਤਮ ਪ੍ਰਭੂ ਹੀ ਦਿੱਸ ਰਿਹਾ ਹੈ ॥੪॥
9642	223	ਕਰਿ ਕਿਰਪਾ ਮੇਰਾ ਚਿਤੁ ਲਾਇਆ॥		Kar Kirapaa Maeraa Chith Laaeiaa ||	In His Mercy, He attuned my consciousness to the Lord.	ਸਤਿਗੁਰੂ ਨੇ ਮਿਹਰ ਕਰ ਕੇ ਮੇਰਾ ਚਿੱਤ ਪ੍ਰਭੂ-ਚਰਨਾਂ ਵਿਚ ਜੋੜ ਦਿੱਤਾ,
9643	223	ਸਤਿਗੁਰਿ ਮੋਕਉ ਏਕੁ ਬੁਝਾਇਆ॥੫॥	ਬੁੱਝਾਇਆ	Sathigur Mo Ko Eaek Bujhaaeiaa ||5||	The True Guru has led me to understand the One Lord. ||5||	ਤੇ ਮੈਨੂੰ ਇਹ ਸਮਝ ਦੇ ਦਿੱਤੀ ਕਿ ਹਰ ਥਾਂ ਇਕ ਪਰਮਾਤਮਾ ਹੀ ਵੱਸ ਰਿਹਾ ਹੈ ॥੫॥
9644	223	ਏਕੁ ਨਿਰੰਜਨੁ ਗੁਰਮੁਖਿ ਜਾਤਾ॥		Eaek Niranjan Guramukh Jaathaa ||	The Gurmukh knows the One Immaculate Lord.	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ, ਉਹ ਇਹ ਜਾਣ ਲੈਂਦਾ ਹੈ ਕਿ ਇਕ ਨਿਰੰਜਨ ਹੀ ਹਰ ਥਾਂ ਮੌਜੂਦ ਹੈ,
9645	223	ਦੂਜਾ ਮਾਰਿ ਸਬਦਿ ਪਛਾਤਾ॥੬॥		Dhoojaa Maar Sabadh Pashhaathaa ||6||	Subduing duality, one comes to realize the Word of the Shabad. ||6||	ਅਤੇ ਉਹ ਗੁਰ-ਸ਼ਬਦ ਦੀ ਬਰਕਤਿ ਨਾਲ (ਆਪਣੇ ਅੰਦਰੋਂ) ਪਰਮਾਤਮਾ ਨਾਲੋਂ ਵਖੇਵਾਂ ਮੁਕਾ ਕੇ ਪਰਮਾਤਮਾ (ਦੀ ਹੋਂਦ) ਨੂੰ ਪਛਾਣ ਲੈਂਦਾ ਹੈ ॥੬॥

9646	223	ਏਕੋ ਹੁਕਮੁ ਵਰਤੈ ਸਭ ਲੋਈ॥	ਅਣਗਿਣਤ ਖੰਡਾਂ ਬ੍ਰਹਮੰਡਾਂ ਦੀ (ਲੋਈ) ਸ੍ਰਿਸ਼ਟੀ ਚ	Eaeko Hukam Varathai Sabh Loee ||	The Command of the One Lord prevails throughout all the worlds.	ਸਾਰੀ ਸ੍ਰਿਸ਼ਟੀ ਵਿਚ ਸਿਰਫ਼ ਪਰਮਾਤਮਾ ਦਾ ਹੀ ਹੁਕਮ ਚੱਲ ਰਿਹਾ ਹੈ।
9647	223	ਏਕਸੁ ਤੇ ਸਭ ਓਪਤਿ ਹੋਈ॥੭॥	(ਓਪਤਿ) ਉਤਪਤੀ	Eaekas Thae Sabh Oupath Hoee ||7||	From the One, all have arisen. ||7||	ਇਕ ਪਰਮਾਤਮਾ ਤੋਂ ਹੀ ਸਾਰੀ ਉਤਪੱਤੀ ਹੋਈ ਹੈ ॥੭॥
9648	223	ਰਾਹ ਦੋਵੈ ਖਸਮੁ ਏਕੋ ਜਾਣੁ॥		Raah Dhovai Khasam Eaeko Jaan ||	There are two routes, but remember that their Lord and Master is only One.	(ਇਕ ਪ੍ਰਭੂ ਤੋਂ ਹੀ ਸਾਰੀ ਉਤਪੱਤੀ ਹੋਣ ਤੇ ਭੀ ਮਾਇਆ ਦੇ ਪ੍ਰਭਾਵ ਹੇਠ ਜਗਤ ਵਿਚ) ਦੋਵੇਂ ਰਸਤੇ ਚੱਲ ਪੈਂਦੇ ਹਨ (-ਗੁਰਮੁਖਤਾ ਅਤੇ ਦੁਰਮਤਿ)। (ਪਰ ਹੇ ਭਾਈ! ਸਭ ਵਿਚ) ਇਕ ਪਰਮਾਤਮਾ ਨੂੰ ਹੀ (ਵਰਤਦਾ) ਜਾਣ।
9649	223	ਗੁਰ ਕੈ ਸਬਦਿ ਹੁਕਮੁ ਪਛਾਣੁ॥੮॥		Gur Kai Sabadh Hukam Pashhaan ||8||	Through the Word of the Guru's Shabad, recognize the Hukam of the Lord's Command. ||8||	ਗੁਰੂ ਦੇ ਸ਼ਬਦ ਵਿਚ ਜੁੜ ਕੇ (ਸਾਰੇ ਜਗਤ ਵਿਚ ਪਰਮਾਤਮਾ ਦਾ ਹੀ) ਹੁਕਮ ਚੱਲਦਾ ਪਛਾਣ ॥੮॥
9650	223	ਸਗਲ ਰੂਪ ਵਰਨ ਮਨ ਮਾਹੀ॥	(ਵਰਨ) ਰੰਗ	Sagal Roop Varan Man Maahee ||	He is contained in all forms, colors and minds.	ਜੋ ਸਾਰੇ ਰੂਪਾਂ ਵਿਚ ਸਾਰੇ ਵਰਨਾਂ ਵਿੱਚ ਤੇ ਸਾਰੇ (ਜੀਵਾਂ ਦੇ) ਮਨਾਂ ਵਿਚ ਵਿਆਪਕ ਹੈ,
9651	223	ਕਹੁ ਨਾਨਕ ਏਕੋ ਸਾਲਾਹੀ॥੯॥੫॥		Kahu Naanak Eaeko Saalaahee ||9||5||	Says Nanak, praise the One Lord. ||9||5||	ਨਾਨਕ ਆਖਦਾ ਹੈ- ਮੈਂ ਉਸ ਇੱਕ ਪਰਮਾਤਮਾ ਦੀ ਹੀ ਸਿਫ਼ਤ-ਸਾਲਾਹ ਕਰਦਾ ਹਾਂ ॥੯॥੫॥
9652	223	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	

9653	223	ਅਧਿਆਤਮ ਕਰਮ ਕਰੇ ਤਾ ਸਾਚਾ॥	(ਅਧਿਆਤਮ) ਆਤਮਬ੍ਰਹਮਦੀ ਪ੍ਰਾਪਤੀ ਲਈ	Adhhiaatham Karam Karae Thaa Saachaa ||	Those who live a spiritual lifestyle - they alone are true.	ਜਦੋਂ ਮਨੁੱਖ ਆਤਮਕ ਜੀਵਨ ਨੂੰ ਉੱਚਾ ਕਰਨ ਵਾਲੇ ਕਰਮ ਕਰਦਾ ਹੈ, ਤਦੋਂ ਹੀ ਸੱਚਾ (ਜੋਗੀ) ਹੈ।
9654	223	ਮੁਕਤਿ ਭੇਦੁ ਕਿਆ ਜਾਣੈ ਕਾਚਾ॥੧॥		Mukath Bhaedh Kiaa Jaanai Kaachaa ||1||	What can the false know about the secrets of liberation? ||1||	ਪਰ ਜਿਸ ਦਾ ਮਨ ਵਿਕਾਰਾਂ ਦੇ ਟਾਕਰੇ ਤੇ ਕਮਜ਼ੋਰ ਹੈ, ਉਹ ਵਿਕਾਰਾਂ ਤੋਂ ਖ਼ਲਾਸੀ ਹਾਸਲ ਕਰਨ ਦੇ ਭੇਤ ਨੂੰ ਕੀਹ ਜਾਣ ਸਕਦਾ ਹੈ? ॥੧॥
9655	223	ਐਸਾ ਜੋਗੀ ਜੁਗਤਿ ਬੀਚਾਰੈ॥		Aisaa Jogee Jugath Beechaarai ||	Those who contemplate the Way are Yogis.	ਅਜੇਹਾ (ਬੰਦਾ) ਜੋਗੀ (ਅਖਵਾਣ ਦਾ ਹੱਕਦਾਰ ਹੋ ਸਕਦਾ ਹੈ ਜੋ ਜੀਵਨ ਦੀ ਸਹੀ) ਜੁਗਤਿ ਸਮਝਦਾ ਹੈ।
9656	223	ਪੰਚ ਮਾਰਿ ਸਾਚੁ ਉਰਿ ਧਾਰੈ॥੧॥ਰਹਾਉ॥		Panch Maar Saach Our Dhhaarai ||1|| Rehaao ||	They conquer the five thieves, and enshrine the True Lord in the heart. ||1||Pause||	(ਉਹ ਜੀਵਨ-ਜੁਗਤਿ ਇਹ ਹੈ ਕਿ ਕਾਮਾਦਿਕ) ਪੰਜਾਂ (ਵਿਕਾਰਾਂ) ਨੂੰ ਮਾਰ ਕੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਨੂੰ ਆਪਣੇ ਹਿਰਦੇ ਵਿਚ ਟਿਕਾਂਦਾ ਹੈ ॥੧॥ ਰਹਾਉ ॥
9657	223	ਜਿਸ ਕੈ ਅੰਤਰਿ ਸਾਚੁ ਵਸਾਵੈ॥		Jis Kai Anthar Saach Vasaavai ||	Those who enshrine the True Lord deep within,	ਜਿਸ ਮਨੁੱਖ ਦੇ ਅੰਦਰ ਪਰਮਾਤਮਾ ਆਪਣਾ ਸਦਾ-ਥਿਰ ਨਾਮ ਵਸਾਂਦਾ ਹੈ,
9658	223	ਜੋਗ ਜੁਗਤਿ ਕੀ ਕੀਮਤਿ ਪਾਵੈ॥੨॥		Jog Jugath Kee Keemath Paavai ||2||	Realize the value of the Way of Yoga. ||2||	ਉਹ ਮਨੁੱਖ ਪ੍ਰਭੂ-ਮਿਲਾਪ ਦੀ ਜੁਗਤਿ ਦੀ ਕਦਰ ਸਮਝਦਾ ਹੈ ॥੨॥

9659	223	ਰਵਿ ਸਸਿ ਏਕੋ ਗ੍ਰਿਹ ਉਦਿਆਨੈ॥	(ਉਦਿਆਨੈ) ਜੰਗਲ ਚ। ਸਸਿ: ਪੋਲਾ ਬੋਲੋ। ਗ੍ਰਿਹ	Rav Sas Eaeko Grih Oudhiaanai ||	The sun and the moon are one and the same for them, as are household and wilderness.	ਤਪਸ਼, ਠੰਢ (ਭਾਵ, ਕਿਸੇ ਵਲੋਂ ਖਰ੍ਹਵਾ ਸਲੂਕ ਤੇ ਕਿਸੇ ਵਲੋਂ ਨਿੱਘਾ ਸਲੂਕ) ਘਰ, ਜੰਗਲ (ਭਾਵ, ਘਰ ਵਿਚ ਰਹਿੰਦਿਆਂ ਨਿਰਮੋਹ ਰਵਈਆ) ਉਸ ਨੂੰ ਇਕ-ਸਮਾਨ ਦਿੱਸਦੇ ਹਨ।
9660	223	ਕਰਣੀ ਕੀਰਤਿ ਕਰਮ ਸਮਾਨੈ॥੩॥		Karanee Keerath Karam Samaanai ||3||	The karma of their daily practice is to praise the Lord. ||3||	ਪਰਮਾਤਮਾ ਦੀ ਸਿਫ਼ਤ-ਸਾਲਾਹ-ਰੂਪ ਕਰਣੀ ਉਸ ਦਾ ਸਾਮਾਨ (ਸਾਧਾਰਨ) ਕਰਮ ਹਨ (ਭਾਵ, ਸੁਤੇ ਹੀ ਉਹ ਸਿਫ਼ਤ-ਸਾਲਾਹ ਵਿਚ ਜੁੜਿਆ ਰਹਿੰਦਾ ਹੈ) ॥੩॥
9661	223	ਏਕ ਸਬਦ ਇਕ ਭਿਖਿਆ ਮਾਗੈ॥	ਭਿੱਖਿਆ	Eaek Sabadh Eik Bhikhiaa Maagai ||	They beg for the alms of the one and only Shabad.	(ਦਰ ਦਰ ਤੋਂ ਰੋਟੀਆਂ ਮੰਗਣ ਦੇ ਥਾਂ ਉਹ ਜੋਗੀ ਗੁਰੂ ਦੇ ਦਰ ਤੋਂ) ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਦਾ ਖ਼ੈਰ ਮੰਗਦਾ ਹੈ,
9662	223	ਗਿਆਨੁ ਧਿਆਨੁ ਜੁਗਤਿ ਸਚੁ ਜਾਗੈ॥੪॥		Giaan Dhhiaan Jugath Sach Jaagai ||4||	They remain awake and aware in spiritual wisdom and meditation, and the true way of life. ||4||	ਉਸ ਦੇ ਅੰਦਰ ਪ੍ਰਭੂ ਨਾਲ ਡੂੰਘੀ ਸਾਂਝ ਪੈਂਦੀ ਹੈ, ਉਸ ਦੀ ਉੱਚੀ ਸੁਰਤ ਜਾਗ ਪੈਂਦੀ ਹੈ, ਉਸ ਦੇ ਅੰਦਰ ਸਿਮਰਨ-ਰੂਪ ਜੁਗਤਿ ਜਾਗ ਪੈਂਦੀ ਹੈ ॥੪॥
9663	223	ਭੈ ਰਚਿ ਰਹੈ ਨ ਬਾਹਰਿ ਜਾਇ॥		Bhai Rach Rehai N Baahar Jaae ||	They remain absorbed in the fear of God; they never leave it.	ਉਹ ਜੋਗੀ ਸਦਾ ਪ੍ਰਭੂ ਦੇ ਡਰ-ਅਦਬ ਵਿਚ ਲੀਨ ਰਹਿੰਦਾ ਹੈ, (ਇਸ ਡਰ ਤੋਂ) ਬਾਹਰ ਨਹੀਂ ਜਾਂਦਾ।

9664	223	ਕੀਮਤਿ ਕਉਣ ਰਹੈ ਲਿਵ ਲਾਇ॥੫॥		Keemath Koun Rehai Liv Laae ||5||	Who can estimate their value? They remain lovingly absorbed in the Lord. ||5||	ਅਜੇਹੇ ਜੋਗੀ ਦਾ ਕੌਣ ਮੁੱਲ ਪਾ ਸਕਦਾ ਹੈ? ਉਹ ਸਦਾ ਪ੍ਰਭੂ-ਚਰਨਾਂ ਵਿਚ ਸੁਰਤ ਜੋੜੀ ਰੱਖਦਾ ਹੈ ॥੫॥
9665	223	ਆਪੇ ਮੇਲੇ ਭਰਮੁ ਚੁਕਾਏ॥		Aapae Maelae Bharam Chukaaeae ||	The Lord unites them with Himself, dispelling their doubts.	(ਇਹ ਜੋਗ-ਸਾਧਨਾਂ ਦੇ ਹਠ ਕੁਝ ਨਹੀਂ ਸਵਾਰ ਸਕਦੇ) ਪ੍ਰਭੂ ਆਪ ਹੀ ਆਪਣੇ ਨਾਲ ਮਿਲਾਂਦਾ ਹੈ ਤੇ ਜੀਵ ਦੀ ਭਟਕਣਾ ਮੁਕਾਂਦਾ ਹੈ।
9666	223	ਗੁਰ ਪਰਸਾਦਿ ਪਰਮਪਦੁ ਪਾਏ॥੬॥		Gur Parasaadh Param Padh Paaeae ||6||	By Guru's Grace, the supreme status is obtained. ||6||	ਗੁਰੂ ਦੀ ਕਿਰਪਾ ਨਾਲ ਮਨੁੱਖ ਸਭ ਤੋਂ ਉੱਚਾ ਆਤਮਕ ਦਰਜਾ ਪ੍ਰਾਪਤ ਕਰਦਾ ਹੈ ॥੬॥
9667	223	ਗੁਰ ਕੀ ਸੇਵਾ ਸਬਦੁ ਵੀਚਾਰੁ॥		Gur Kee Saevaa Sabadh Veechaar ||	In the Guru's service is reflection upon the Shabad.	(ਅਸਲ ਜੋਗੀ) ਗੁਰੂ ਦੀ ਦੱਸੀ ਸੇਵਾ ਕਰਦਾ ਹੈ, ਗੁਰੂ ਦੇ ਸ਼ਬਦ ਨੂੰ ਆਪਣੀ ਵਿਚਾਰ ਬਣਾਂਦਾ ਹੈ।
9668	223	ਹਉਮੈ ਮਾਰੇ ਕਰਣੀ ਸਾਰੁ॥੭॥		Houmai Maarae Karanee Saar ||7||	Subduing ego, practice pure actions. ||7||	ਹਉਮੈ ਨੂੰ (ਆਪਣੇ ਅੰਦਰੋਂ) ਮਾਰਦਾ ਹੈ-ਇਹ ਹੈ ਉਸ ਜੋਗੀ ਦੀ ਸ੍ਰੇਸ਼ਟ ਕਰਣੀ ॥੭॥
9669	223	ਜਪ ਤਪ ਸੰਜਮ ਪਾਠ ਪੁਰਾਣੁ॥		Jap Thap Sanjam Paath Puraan ||	Chanting, meditation, austere self-discipline and the reading of the Puraanas,	ਉਸ ਜੋਗੀ ਦੇ ਜਪ, ਤਪ, ਸੰਜਮ ਤੇ ਪਾਠ, ਪੁਰਾਣ ਆਦਿਕ ਧਰਮ-ਪੁਸਤਕ ਇਹੀ ਹੈ,

9670	223	ਕਹੁ ਨਾਨਕ ਅਪਰੰਪਰ ਮਾਨੁ॥੮॥੬॥	(ਅਪ-ਰੰਪਰ) ਬੇਅੰਤ ਵਾਹਿਗੁਰੂ ਜੀ	Kahu Naanak Aparanpar Maan ||8||6||	Says Nanak, are contained in surrender to the Unlimited Lord. ||8||6||	ਨਾਨਕ ਆਖਦਾ ਹੈ- ਉਸ ਬੇਅੰਤ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਆਪਣੇ ਆਪ ਨੂੰ ਗਿਝਾਣਾ ॥੮॥੬॥
9671	223	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
9672	223	ਖਿਮਾ ਗਹੀ ਬ੍ਰਤੁ ਸੀਲ ਸੰਤੋਖੰ॥	(ਗਹੀ) ਧਾਰੀ	Khimaa Gehee Brath Seel Santhokhan ||	To practice forgiveness is the true fast, good conduct and contentment.	ਉਹ ਜੋਗੀ (ਗ੍ਰਿਹਸਤ ਵਿਚ ਰਹਿ ਕੇ ਹੀ) ਦੂਜਿਆਂ ਦੀ ਵਧੀਕੀ ਸਹਾਰਨ ਦਾ ਸੁਭਾਉ ਬਣਾਂਦਾ ਹੈ। ਮਿੱਠਾ ਸੁਭਾਉ ਤੇ ਸੰਤੋਖ ਉਸ ਦਾ ਨਿੱਤ ਦਾ ਕਰਮ ਹਨ।
9673	223	ਰੋਗੁ ਨ ਬਿਆਪੈ ਨਾ ਜਮ ਦੋਖੰ॥		Rog N Biaapai Naa Jam Dhokhan ||	Disease does not afflict me, nor does the pain of death.	(ਅਜੇਹੇ ਅਸਲ ਜੋਗੀ ਉਤੇ ਕਾਮਾਦਿਕ ਕੋਈ) ਰੋਗ ਜ਼ੋਰ ਨਹੀਂ ਪਾ ਸਕਦਾ, ਉਸ ਨੂੰ ਮੌਤ ਦਾ ਭੀ ਡਰ ਨਹੀਂ ਹੁੰਦਾ।
9674	223	ਮੁਕਤ ਭਏ ਪ੍ਰਭ ਰੂਪ ਨ ਰੇਖੰ॥੧॥		Mukath Bheae Prabh Roop N Raekhan ||1||	I am liberated, and absorbed into God, who has no form or feature. ||1||	ਅਜੇਹੇ ਜੋਗੀ ਵਿਕਾਰਾਂ ਤੋਂ ਆਜ਼ਾਦ ਹੋ ਜਾਂਦੇ ਹਨ, ਕਿਉਂਕਿ ਉਹ ਰੂਪ-ਰੇਖ-ਰਹਿਤ ਪਰਮਾਤਮਾ ਦਾ ਰੂਪ ਹੋ ਜਾਂਦੇ ਹਨ ॥੧॥
9675	223	ਜੋਗੀ ਕਉ ਕੈਸਾ ਡਰੁ ਹੋਇ॥		Jogee Ko Kaisaa Ddar Hoe ||	What fear does the Yogi have?	ਅਸਲ ਜੋਗੀ ਨੂੰ (ਮਾਇਆ ਦੇ ਸੂਰਮੇ ਕਾਮਾਦਿਕਾਂ ਦੇ ਹੱਲਿਆਂ ਵਲੋਂ) ਕਿਸੇ ਤਰ੍ਹਾਂ ਦਾ ਕੋਈ ਡਰ ਨਹੀਂ ਹੁੰਦਾ (ਜਿਸ ਤੋਂ ਘਬਰਾ ਕੇ ਉਹ ਗ੍ਰਿਹਸਤ ਛੱਡ ਕੇ ਨੱਸ ਜਾਏ)

9676	223	ਰੂਖਿ ਬਿਰਖਿ ਗ੍ਰਿਹਿ ਬਾਹਰਿ ਸੋਇ॥੧॥ਰਹਾਉ॥	ਗ੍ਰਿਹਿ	Rookh Birakh Grihi Baahar Soe ||1|| Rehaao ||	The Lord is among the trees and the plants, within the household and outside as well. ||1||Pause||	ਉਸ ਨੂੰ ਰੁੱਖ ਬਿਰਖ ਵਿਚ, ਘਰ ਵਿਚ, ਬਾਹਰ ਜੰਗਲ (ਆਦਿਕ) ਵਿਚ ਹਰ ਥਾਂ ਉਹ ਪਰਮਾਤਮਾ ਹੀ ਨਜ਼ਰੀਂ ਆਉਂਦਾ ਹੈ ॥੧॥ ਰਹਾਉ ॥
9677	223	ਨਿਰਭਉ ਜੋਗੀ ਨਿਰੰਜਨੁ ਧਿਆਵੈ॥		Nirabho Jogee Niranjan Dhhiaavai ||	The Yogis meditate on the Fearless, Immaculate Lord.	ਜੋ ਪਰਮਾਤਮਾ ਮਾਇਆ ਦੇ ਪ੍ਰਭਾਵ ਵਿਚ ਨਹੀਂ ਆਉਂਦਾ, ਉਸ ਨੂੰ ਜੇਹੜਾ ਮਨੁੱਖ ਸਿਮਰਦਾ ਹੈ ਉਹ ਹੈ (ਅਸਲ) ਜੋਗੀ। ਉਹ (ਭੀ ਮਾਇਆ ਦੇ ਹੱਲਿਆਂ ਤੋਂ) ਡਰਦਾ ਨਹੀਂ (ਉਸ ਨੂੰ ਕਿਉਂ ਲੋੜ ਪਏ ਗ੍ਰਿਹਸਤ ਤੋਂ ਭੱਜਣ ਦੀ?)
9678	223	ਅਨ ਦਿਨੁ ਜਾਗੈ ਸਚਿ ਲਿਵ ਲਾਵੈ॥		Anadhin Jaagai Sach Liv Laavai ||	Night and day, they remain awake and aware, embracing love for the True Lord.	ਉਹ ਤਾਂ ਹਰ ਵੇਲੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ, ਕਿਉਂਕਿ ਉਹ ਸਦਾ-ਥਿਰ ਪ੍ਰਭੂ ਵਿਚ ਸੁਰਤ ਜੋੜੀ ਰੱਖਦਾ ਹੈ।
9679	223	ਸੋ ਜੋਗੀ ਮੇਰੈ ਮਨਿ ਭਾਵੈ॥੨॥		So Jogee Maerai Man Bhaavai ||2||	Those Yogis are pleasing to my mind. ||2||	ਮੇਰੇ ਮਨ ਵਿਚ ਉਹ ਜੋਗੀ ਪਿਆਰਾ ਲੱਗਦਾ ਹੈ (ਉਹੀ ਹੈ ਅਸਲ ਜੋਗੀ) ॥੨॥
9680	223	ਕਾਲੁ ਜਾਲੁ ਬ੍ਰਹਮ ਅਗਨੀ ਜਾਰੇ॥		Kaal Jaal Breham Aganee Jaarae ||	The trap of death is burnt by the Fire of God.	(ਉਹ ਜੋਗੀ ਆਪਣੇ-ਅੰਦਰ-ਪਰਗਟ-ਹੋਏ) ਬ੍ਰਹਮ (ਦੇ ਤੇਜ) ਦੀ ਅੱਗ ਨਾਲ ਮੌਤ (ਦੇ ਡਰ ਨੂੰ) ਜਾਲ ਨੂੰ (ਜਿਸ ਦੇ ਸਹਮ ਨੇ ਸਾਰੇ ਜੀਵਾਂ ਨੂੰ ਫਸਾਇਆ ਹੋਇਆ ਹੈ) ਸਾੜ ਦੇਂਦਾ ਹੈ।

9681	223	ਜਰਾ ਮਰਣ ਗਤੁ ਗਰਬੁ ਨਿਵਾਰੇ॥	ਗਤੁ:ਪੋਲਾ ਬੋਲੋ। (ਗਤੁ) ਰਸਤਾ, ਨਾਸ	Jaraa Maran Gath Garab Nivaarae ||	Old age, death and pride are conquered.	ਉਸ ਜੋਗੀ ਦਾ ਬੁਢੇਪੇ ਦਾ ਡਰ ਮੌਤ ਦਾ ਸਹਮ ਦੂਰ ਹੋ ਜਾਂਦਾ ਹੈ, ਉਹ ਜੋਗੀ (ਆਪਣੇ ਅੰਦਰੋਂ) ਅਹੰਕਾਰ ਦੂਰ ਕਰ ਲੈਂਦਾ ਹੈ।
9682	223	ਆਪਿ ਤਰੈ ਪਿਤਰੀ ਨਿਸਤਾਰੇ॥੩॥	(ਪਿੱਤਰੀਂ) ਵੱਡੇ ਵਡੇਰੇ	Aap Tharai Pitharee Nisathaarae ||3||	They swim across, and save their ancestors as well. ||3||	ਉਹ ਆਪ ਭੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ, ਆਪਣੇ ਪਿਤਰਾਂ ਨੂੰ ਭੀ ਪਾਰ ਲੰਘਾ ਲੈਂਦਾ ਹੈ ॥੩॥
9683	223	ਸਤਿਗੁਰੁ ਸੇਵੇ ਸੋ ਜੋਗੀ ਹੋਇ॥		Sathigur Saevae So Jogee Hoe ||	Those who serve the True Guru are the Yogis.	ਜੋ ਮਨੁੱਖ ਗੁਰੂ ਦੇ ਦੱਸੇ ਰਾਹ ਉਤੇ ਤੁਰਦਾ ਹੈ, ਉਹ (ਅਸਲ) ਜੋਗੀ ਬਣਦਾ ਹੈ।
9684	223	ਭੈ ਰਚਿ ਰਹੈ ਸੁ ਨਿਰਭਉ ਹੋਇ॥		Bhai Rach Rehai S Nirabho Hoe ||	Those who remain immersed in the Fear of God become fearless.	ਉਹ ਪਰਮਾਤਮਾ ਦੇ ਡਰ-ਅਦਬ ਵਿਚ (ਜੀਵਨ-ਪੰਧ ਤੇ) ਤੁਰਦਾ ਹੈ, ਉਹ (ਕਾਮਾਦਿਕ ਵਿਕਾਰਾਂ ਦੇ ਹੱਲਿਆਂ ਤੋਂ) ਨਿਡਰ ਰਹਿੰਦਾ ਹੈ,
9685	223	ਜੈਸਾ ਸੇਵੈ ਤੈਸੋ ਹੋਇ॥੪॥		Jaisaa Saevai Thaiso Hoe ||4||	They become just like the One they serve. ||4||	(ਕਿਉਂਕਿ ਇਹ ਇਕ ਅਸੂਲ ਦੀ ਗੱਲ ਹੈ ਕਿ) ਮਨੁੱਖ ਜਿਹੋ ਜਿਹੇ ਦੀ ਸੇਵਾ (ਭਗਤੀ) ਕਰਦਾ ਹੈ ਉਹੋ ਜਿਹਾ ਆਪ ਬਣ ਜਾਂਦਾ ਹੈ (ਨਿਰਭਉ ਨਿਰੰਕਾਰ ਨੂੰ ਸਿਮਰ ਕੇ ਨਿਰਭਉ ਹੀ ਬਣਨਾ ਹੋਇਆ) ॥੪॥

9686	224	ਨਰ ਨਿਹਕੇਵਲ ਨਿਰਭਉ ਨਾਉ॥	(ਨਿਹਕੇਵਲ) ਸ਼ੁੱਧ	Nar Nihakaeval Nirabho Naao ||	The Name makes a man pure and fearless.	ਮਨੁੱਖ ਨਿਰਭਉ ਪਰਮਾਤਮਾ ਦਾ ਨਾਮ ਜਪ ਕੇ (ਮਾਇਆ ਦੇ ਹੱਲਿਆਂ ਵਲੋਂ ਨਿਰਭਉ ਹੋ ਕੇ) ਵਾਸਨਾ-ਰਹਿਤ (ਸ਼ੁੱਧ) ਹੋ ਜਾਂਦਾ ਹੈ।
9687	224	ਅਨਾਥਹ ਨਾਥ ਕਰੇ ਬਲਿ ਜਾਉ॥		Anaathheh Naathh Karae Bal Jaao ||	It makes the masterless become the master of all. I am a sacrifice to him.	ਉਹ ਨਿਖਸਮਿਆਂ ਨੂੰ ਖਸਮ ਵਾਲਾ ਬਣਾ ਦੇਂਦਾ ਹੈ (ਉਹ ਹੈ ਅਸਲ ਜੋਗੀ, ਤੇ ਅਜੇਹੇ ਜੋਗੀ ਤੋਂ) ਮੈਂ ਕੁਰਬਾਨ ਹਾਂ।
9688	224	ਪੁਨਰਪਿ ਜਨਮੁ ਨਾਹੀ ਗੁਣ ਗਾਉ॥੫॥	(ਪੁਨ-ਰਪਿ) ਫੇਰ	Punarap Janam Naahee Gun Gaao ||5||	Such a person is not reincarnated again; he sings the Glories of God. ||5||	ਉਸ ਨੂੰ ਮੁੜ ਮੁੜ ਜਨਮ ਨਹੀਂ ਲੈਣਾ ਪੈਂਦਾ, ਉਹ ਸਦਾ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ ॥੫॥
9689	224	ਅੰਤਰਿ ਬਾਹਰਿ ਏਕੋ ਜਾਣੈ॥		Anthar Baahar Eaeko Jaanai ||	Inwardly and outwardly, he knows the One Lord;	ਉਹ ਜੋਗੀ ਆਪਣੇ ਅੰਦਰ ਤੇ ਬਾਹਰ ਸਾਰੇ ਜਗਤ ਵਿਚ ਇਕ ਪਰਮਾਤਮਾ ਨੂੰ ਹੀ ਵਿਆਪਕ ਜਾਣਦਾ ਹੈ।
9690	224	ਗੁਰ ਕੈ ਸਬਦੇ ਆਪੁ ਪਛਾਣੈ॥		Gur Kai Sabadhae Aap Pashhaanai ||	Through the Word of the Guru's Shabad, he realizes himself.	ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਆਪਣੇ ਅਸਲੇ ਨੂੰ ਪਛਾਣਦਾ ਹੈ।
9691	224	ਸਾਚੈ ਸਬਦਿ ਦਰਿ ਨੀਸਾਣੈ॥੬॥	(ਨੀਸਾਣੈ) ਪ੍ਰਗਟ ਹੁੰਦਾ	Saachai Sabadh Dhar Neesaanai ||6||	He bears the Banner and Insignia of the True Shabad in the Lord's Court. ||6||	ਗੁਰੂ ਦੇ ਸੱਚੇ ਸ਼ਬਦ ਦੀ ਬਰਕਤਿ ਨਾਲ ਉਹ ਜੋਗੀ ਪਰਮਾਤਮਾ ਦੇ ਦਰ ਤੇ (ਸਿਫ਼ਤ-ਸਾਲਾਹ ਦੀ) ਰਾਹਦਾਰੀ ਲੈ ਕੇ ਜਾਂਦਾ ਹੈ ॥੬॥

9692	224	ਸਬਦਿ ਮਰੈ ਤਿਸੁ ਨਿਜ ਘਰਿ ਵਾਸਾ॥		Sabadh Marai This Nij Ghar Vaasaa ||	One who dies in the Shabad abides in his own home within.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਵਿਕਾਰਾਂ ਵਲੋਂ) ਮਰਦਾ ਹੈ (ਉਹ ਹੈ ਅਸਲ ਜੋਗੀ, ਤੇ) ਉਸ ਦਾ ਨਿਵਾਸ ਸਦਾ ਆਪਣੇ ਅੰਤਰ ਆਤਮੇ ਵਿਚ ਰਹਿੰਦਾ ਹੈ।
9693	224	ਆਵੈ ਨ ਜਾਵੈ ਚੂਕੈ ਆਸਾ॥		Aavai N Jaavai Chookai Aasaa ||	He does not come or go in reincarnation, and his hopes are subdued.	ਉਸ ਦੀ ਆਸਾ (ਤ੍ਰਿਸ਼ਨਾ) ਮੁੱਕ ਜਾਂਦੀ ਹੈ, ਉਹ ਭਟਕਣਾ ਵਿਚ ਨਹੀਂ ਪੈਂਦਾ।
9694	224	ਗੁਰ ਕੈ ਸਬਦਿ ਕਮਲੁ ਪਰਗਾਸਾ॥੭॥		Gur Kai Sabadh Kamal Paragaasaa ||7||	Through the Word of the Guru's Shabad, his heart-lotus blossoms forth. ||7||	ਗੁਰੂ ਦੇ ਸ਼ਬਦ ਵਿਚ ਜੁੜਿਆਂ ਉਸ ਦਾ ਹਿਰਦਾ-ਕੌਲ ਸਦਾ ਖਿੜਿਆ ਰਹਿੰਦਾ ਹੈ ॥੭॥
9695	224	ਜੋ ਦੀਸੈ ਸੋ ਆਸ ਨਿਰਾਸਾ॥		Jo Dheesai So Aas Niraasaa ||	Whoever is seen, is driven by hope and despair,	ਜਗਤ ਵਿਚ ਜੋ ਭੀ ਦਿੱਸਦਾ ਹੈ, ਉਹ ਢੱਠੀਆਂ ਹੋਈਆਂ ਆਸਾਂ ਵਾਲਾ ਹੀ ਦਿੱਸਦਾ ਹੈ (ਕਿਸੇ ਦੀਆਂ ਸਾਰੀਆਂ ਆਸਾਂ ਕਦੇ ਪੂਰੀਆਂ ਨਹੀਂ ਹੋਈਆਂ)।
9696	224	ਕਾਮ ਕ੍ਰੋਧ ਬਿਖੁ ਭੂਖ ਪਿਆਸਾ॥		Kaam Krodhh Bikh Bhookh Piaasaa ||	By sexual desire, anger, corruption, hunger and thirst.	ਹਰੇਕ ਨੂੰ ਕਾਮ ਦਾ ਜ਼ਹਰ ਕ੍ਰੋਧ ਦਾ ਜ਼ਹਰ (ਮਾਰਦਾ ਜਾ ਰਿਹਾ ਹੈ, ਹਰੇਕ ਨੂੰ ਮਾਇਆ ਦੀ) ਭੁੱਖ (ਮਾਇਆ ਦੀ) ਤ੍ਰੇਹ (ਲੱਗੀ ਹੋਈ ਹੈ)।
9697	224	ਨਾਨਕ ਬਿਰਲੇ ਮਿਲਹਿ ਉਦਾਸਾ॥੮॥੭॥		Naanak Biralae Milehi Oudhaasaa ||8||7||	O Nanak, those detached recluses who meet the Lord are so very rare. ||8||7||	ਹੇ ਨਾਨਕ! ਜਗਤ ਵਿਚ ਬੜੇ ਵਿਰਲੇ ਐਸੇ ਬੰਦੇ ਮਿਲਦੇ ਹਨ, ਜੋ ਆਸਾ ਤ੍ਰਿਸ਼ਨਾ ਦੇ ਅਧੀਨ ਨਹੀਂ ਹਨ (ਤੇ, ਉਹੀ ਹਨ ਅਸਲ ਜੋਗੀ) ॥੮॥੭॥

9698	224	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
9699	224	ਐਸੋ ਦਾਸੁ ਮਿਲੈ ਸੁਖੁ ਹੋਈ॥		Aiso Dhaas Milai Sukh Hoee ||	Meeting such a slave, peace is obtained.	(ਪਰਮਾਤਮਾ ਦਾ) ਇਹੋ ਜਿਹਾ ਦਾਸ (ਜਿਸ ਮਨੁੱਖ ਨੂੰ) ਮਿਲ ਪੈਂਦਾ ਹੈ, (ਉਸ ਦੇ ਅੰਦਰ) ਆਤਮਕ ਆਨੰਦ ਪੈਦਾ ਹੁੰਦਾ ਹੈ।
9700	224	ਦੁਖੁ ਵਿਸਰੈ ਪਾਵੈ ਸਚੁ ਸੋਈ॥੧॥		Dhukh Visarai Paavai Sach Soee ||1||	Pain is forgotten, when the True Lord is found. ||1||	ਉਹ ਮਨੁੱਖ ਸਦਾ-ਥਿਰ ਪ੍ਰਭੂ ਦੀ ਪ੍ਰਾਪਤੀ ਕਰ ਲੈਂਦਾ ਹੈ, ਦੁੱਖ ਉਸ ਦੇ ਨੇੜੇ ਨਹੀਂ ਢੁੱਕਦਾ ॥੧॥
9701	224	ਦਰਸਨੁ ਦੇਖਿ ਭਈ ਮਤਿ ਪੂਰੀ॥		Dharasan Dhaekh Bhee Math Pooree ||	Beholding the blessed vision of his darshan, my understanding has become perfect.	(ਹਰੀ ਦੇ ਦਾਸ, ਗੁਰੂ ਦਾ) ਦਰਸਨ ਕਰ ਕੇ ਮਨੁੱਖ ਦੀ ਅਕਲ ਪੂਰੀ (ਸੂਝ ਵਾਲੀ) ਹੋ ਜਾਂਦੀ ਹੈ।
9702	224	ਅਠਸਠਿ ਮਜਨੁ ਚਰਨਹ ਧੂਰੀ॥੧॥ਰਹਾਉ॥	ਮੱਜਨੁ	Athasath Majan Charaneh Dhooree ||1|| Rehaao ||	The cleansing baths at the sixty-eight sacred shrines of pilgrimage are in the dust of his feet. ||1||Pause||	(ਗੁਰੂ ਦੇ) ਚਰਨਾਂ ਦੀ ਧੂੜ (ਹੀ) ਅਠਾਹਠ ਤੀਰਥਾਂ ਦਾ ਇਸ਼ਨਾਨ ਹੈ ॥੧॥ ਰਹਾਉ ॥
9703	224	ਨੇਤ੍ਰ ਸੰਤੋਖੇ ਏਕ ਲਿਵ ਤਾਰਾ॥		Naethr Santhokhae Eaek Liv Thaaraa ||	My eyes are contented with the constant love of the One Lord.	ਉਸ ਦੀਆਂ ਅੱਖਾਂ (ਪਰਾਇਆ ਰੂਪ ਤੱਕਣ ਵਲੋਂ) ਰੱਜ ਜਾਂਦੀਆਂ ਹਨ, ਉਸ ਦੀ ਸੁਰਤ ਦੀ ਤਾਰ ਇੱਕ ਪਰਮਾਤਮਾ ਵਿਚ ਰਹਿੰਦੀ ਹੈ।

9704	224	ਜਿਹਵਾ ਸੂਚੀ ਹਰਿ ਰਸ ਸਾਰਾ॥੨॥		Jihavaa Soochee Har Ras Saaraa ||2||	My tongue is purified by the most sublime essence of the Lord. ||2||	ਪਰਮਾਤਮਾ ਦੇ ਨਾਮ ਦਾ ਸ੍ਰੇਸ਼ਟ ਰਸ ਚੱਖ ਕੇ ਉਸ ਦੀ ਜੀਭ ਪਵਿਤ੍ਰ ਹੋ ਜਾਂਦੀ ਹੈ ॥੨॥
9705	224	ਸਚੁ ਕਰਣੀ ਅਭ ਅੰਤਰਿ ਸੇਵਾ॥	ਅਭ:ਪੋਲਾ ਬੋਲੋ। (ਅਭ) ਹਿਰਦਾ	Sach Karanee Abh Anthar Saevaa ||	True are my actions, and deep within my being, I serve Him.	(ਪਰਮਾਤਮਾ ਦਾ ਅਜੇਹਾ ਦਾਸ, ਗੁਰੂ ਜਿਸ ਮਨੁੱਖ ਨੂੰ ਮਿਲਦਾ ਹੈ) ਪ੍ਰਭੂ ਦਾ ਸਿਮਰਨ ਉਸ ਦੀ (ਨਿੱਤ ਦੀ) ਕਰਣੀ ਬਣ ਜਾਂਦਾ ਹੈ।
9706	224	ਮਨੁ ਤ੍ਰਿਪਤਾਸਿਆ ਅਲਖ ਅਭੇਵਾ॥੩॥		Man Thripathaasiaa Alakh Abhaevaa ||3||	My mind is satisfied by the Inscrutable, Mysterious Lord. ||3||	ਅਲੱਖ ਤੇ ਅਭੇਵ ਪਰਮਾਤਮਾ ਦੀ ਆਪਣੇ ਅੰਦਰ ਸੇਵਾ-ਭਗਤੀ ਕਰ ਕੇ ਉਸ ਦਾ ਮਨ (ਮਾਇਆ ਵਲੋਂ) ਤ੍ਰਿਪਤ ਹੋ ਜਾਂਦਾ ਹੈ ॥੩॥
9707	224	ਜਹ ਜਹ ਦੇਖਉ ਤਹ ਤਹ ਸਾਚਾ॥		Jeh Jeh Dhaekho Theh Theh Saachaa ||	Wherever I look, there I find the True Lord.	(ਉਸ ਗੁਰੂ ਦੇ ਦੀਦਾਰ ਦੀ ਬਰਕਤਿ ਨਾਲ ਹੀ) ਮੈਂ ਜਿੱਧਰ ਤੱਕਦਾ ਹਾਂ ਉਧਰ ਉਧਰ ਮੈਨੂੰ ਸਦਾ-ਥਿਰ ਪ੍ਰਭੂ ਦਿੱਸਦਾ ਹੈ।
9708	224	ਬਿਨੁ ਬੂਝੇ ਝਗਰਤ ਜਗੁ ਕਾਚਾ॥੪॥	ਬੂੱਝੇ। ਜੱਗੁ	Bin Boojhae Jhagarath Jag Kaachaa ||4||	Without understanding, the world argues in falsehood. ||4||	ਪਰ ਮਾਇਆ ਦੇ ਟਾਕਰੇ ਤੇ ਕਮਜ਼ੋਰ ਮਨ ਵਾਲਾ ਜਗਤ ਇਸ ਗਿਆਨ ਤੋਂ ਸੱਖਣਾ ਹੋਣ ਕਰਕੇ ਖਹਿ ਖਹਿ ਕਰ ਰਿਹਾ ਹੈ ॥੪॥
9709	224	ਗੁਰੁ ਸਮਝਾਵੈ ਸੋਝੀ ਹੋਈ॥		Gur Samajhaavai Sojhee Hoee ||	When the Guru instructs, understanding is obtained.	ਇਹ ਸਮਝ ਕਿ ਪਰਮਾਤਮਾ ਹਰ ਥਾਂ ਮੌਜੂਦ ਹੈ ਉਸੇ ਨੂੰ ਹੁੰਦੀ ਹੈ ਜਿਸ ਨੂੰ ਗੁਰੂ ਇਹ ਸਮਝ ਦੇਵੇ।

9710	224	ਗੁਰਮੁਖਿ ਵਿਰਲਾ ਬੂਝੈ ਕੋਈ॥੫॥	ਬੂੱਝੈ	Guramukh Viralaa Boojhai Koee ||5||	How rare is that Gurmukh who understands. ||5||	ਕੋਈ ਵਿਰਲਾ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਇਹ ਸਮਝ ਪ੍ਰਾਪਤ ਕਰਦਾ ਹੈ ॥੫॥
9711	224	ਕਰਿ ਕਿਰਪਾ ਰਾਖਹੁ ਰਖਵਾਲੇ॥		Kar Kirapaa Raakhahu Rakhavaalae ||	Show Your Mercy, and save me, O Savior Lord!	ਹੇ ਰੱਖਣਹਾਰ ਪ੍ਰਭੂ! ਮਿਹਰ ਕਰ, ਤੇ ਜੀਵਾਂ ਨੂੰ (ਖਹਿ ਖਹਿ ਤੋਂ) ਤੂੰ ਆਪ ਬਚਾ।
9712	224	ਬਿਨੁ ਬੂਝੇ ਪਸੂ ਭਏ ਬੇਤਾਲੇ॥੬॥	(ਬੇਤਾਲੇ) ਭੂਤਨੇ	Bin Boojhae Pasoo Bheae Baethaalae ||6||	Without understanding, people become beasts and demons. ||6||	ਗੁਰੂ ਤੋਂ ਗਿਆਨ ਪ੍ਰਾਪਤ ਕਰਨ ਤੋਂ ਬਿਨਾ ਜੀਵ ਪਸ਼ੂ (-ਸੁਭਾਵ) ਬਣ ਰਹੇ ਹਨ, ਭੂਤਨੇ ਹੋ ਰਹੇ ਹਨ ॥੬॥
9713	224	ਗੁਰਿ ਕਹਿਆ ਅਵਰੁ ਨਹੀ ਦੂਜਾ॥		Gur Kehiaa Avar Nehee Dhoojaa ||	The Guru has said that there is no other at all.	ਮੈਨੂੰ ਸਤਿਗੁਰੂ ਨੇ ਸਮਝਾ ਦਿੱਤਾ ਹੈ ਕਿ ਪ੍ਰਭੂ ਤੋਂ ਬਿਨਾ ਉਸ ਵਰਗਾ ਹੋਰ ਕੋਈ ਨਹੀਂ ਹੈ।
9714	224	ਕਿਸੁ ਕਹੁ ਦੇਖਿ ਕਰਉ ਅਨ ਪੂਜਾ॥੭॥		Kis Kahu Dhaekh Karo An Poojaa ||7||	So tell me, who should I see, and who should I worship? ||7||	ਦੱਸੋ, (ਹੇ ਭਾਈ!) ਮੈਂ ਕਿਸ ਨੂੰ (ਉਸ ਵਰਗਾ) ਦੇਖ ਕੇ ਕਿਸੇ ਹੋਰ ਦੀ ਪੂਜਾ ਕਰ ਸਕਦਾ ਹਾਂ? ॥੭॥
9715	224	ਸੰਤ ਹੇਤਿ ਪ੍ਰਭਿ ਤ੍ਰਿਭਵਣ ਧਾਰੇ॥	(ਹੇਤਿ) ਲਈ	Santh Haeth Prabh Thribhavan Dhhaarae ||	For the sake of the Saints, God has established the three worlds.	ਪਰਮਾਤਮਾ ਨੇ (ਮਨੁੱਖਾਂ ਨੂੰ) ਸੰਤ ਬਣਾਣ ਲਈ ਇਹ ਸ੍ਰਿਸ਼ਟੀ ਰਚੀ ਹੈ।
9716	224	ਆਤਮੁ ਚੀਨੈ ਸੁ ਤਤੁ ਬੀਚਾਰੇ॥੮॥	(ਚੀਨੈ) ਪਛਾਣਦਾ	Aatham Cheenai S Thath Beechaarae ||8||	One who understands his own soul, contemplates the essence of reality. ||8||	ਜੇਹੜਾ ਮਨੁੱਖ (ਗੁਰੂ ਦੀ ਸਰਨ ਪੈ ਕੇ) ਆਪਣੇ ਆਪ ਨੂੰ ਪਛਾਣਦਾ ਹੈ, ਉਹ ਇਸ ਅਸਲੀਅਤ ਨੂੰ ਸਮਝ ਲੈਂਦਾ ਹੈ ॥੮॥

9717	224	ਸਾਚੁ ਰਿਦੈ ਸਚੁ ਪ੍ਰੇਮ ਨਿਵਾਸ॥		Saach Ridhai Sach Praem Nivaas ||	One whose heart is filled with Truth and true love	(ਗੁਰੂ ਦਾ ਦੀਦਾਰ ਕਰ ਕੇ ਹੀ) ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਮਨੁੱਖ ਦੇ ਹਿਰਦੇ ਵਿਚ ਨਿਵਾਸ ਕਰਦਾ ਹੈ, ਪਰਮਾਤਮਾ ਦਾ ਪਿਆਰ ਰਿਦੇ ਵਿਚ ਟਿਕਦਾ ਹੈ।
9718	224	ਪ੍ਰਣਵਤਿ ਨਾਨਕ ਹਮ ਤਾ ਕੇ ਦਾਸ॥੯॥੮॥		Pranavath Naanak Ham Thaa Kae Dhaas ||9||8||	- prays Nanak, I am his servant. ||9||8||	ਨਾਨਕ ਬੇਨਤੀ ਕਰਦਾ ਹੈ,-ਮੈਂ ਭੀ ਉਸ ਗੁਰੂ ਦਾ ਦਾਸ ਹਾਂ ॥੯॥੮॥
9719	224	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
9720	224	ਬ੍ਰਹਮੈ ਗਰਬੁ ਕੀਆ ਨਹੀ ਜਾਨਿਆ॥		Brehamai Garab Keeaa Nehee Jaaniaa ||	Brahma acted in pride, and did not understand.	ਬ੍ਰਹਮਾ ਨੇ ਅਹੰਕਾਰ ਕੀਤਾ (ਕਿ ਮੈਂ ਇਤਨਾ ਵੱਡਾ ਹਾਂ, ਮੈਂ ਕਵਲ ਦੀ ਨਾਭੀ ਵਿਚੋਂ ਕਿਵੇਂ ਜੰਮ ਸਕਦਾ ਹਾਂ?) ਉਸ ਨੇ ਪਰਮਾਤਮਾ ਦੀ ਬੇਅੰਤਤਾ ਨੂੰ ਨਹੀਂ ਸਮਝਿਆ।
9721	224	ਬੇਦ ਕੀ ਬਿਪਤਿ ਪੜੀ ਪਛੁਤਾਨਿਆ॥	ਪੜੀ: ੜਾੜੇ ਨੂੰ ਹਲੰਤ ਨਲਾਉ	Baedh Kee Bipath Parree Pashhuthaaniaa ||	Only when he was faced with the downfall of the Vedas did he repent.	(ਜਦੋਂ ਉਸ ਦਾ ਮਾਣ ਤੋੜਨ ਵਾਸਤੇ ਉਸ ਦੇ) ਵੇਦਾਂ ਦੇ ਚੁਰਾਏ ਜਾਣ ਦੀ ਬਿਪਤਾ ਉਸ ਉਤੇ ਆ ਪਈ ਤਾਂ ਉਹ ਪਛਤਾਇਆ (ਕਿ ਮੈਂ ਆਪਣੇ ਆਪ ਨੂੰ ਵਿਅਰਥ ਹੀ ਇਤਨਾ ਵੱਡਾ ਸਮਝਿਆ)।

9722	224	ਜਹ ਪ੍ਰਭ ਸਿਮਰੇ ਤਹੀ ਮਨੁ ਮਾਨਿਆ॥੧॥		Jeh Prabh Simarae Thehee Man Maaniaa ||1||	Remembering God in meditation, the mind is conciliated. ||1||	ਜਦੋਂ (ਉਸ ਬਿਪਤਾ ਵੇਲੇ) ਉਸ ਨੇ ਪਰਮਾਤਮਾ ਨੂੰ ਸਿਮਰਿਆ (ਤੇ ਪਰਮਾਤਮਾ ਨੇ ਉਸ ਦੀ ਸਹਾਇਤਾ ਕੀਤੀ) ਤਦੋਂ ਉਸ ਨੂੰ ਯਕੀਨ ਆਇਆ (ਕਿ ਪਰਮਾਤਮਾ ਹੀ ਸਭ ਤੋਂ ਵੱਡਾ ਹੈ) ॥੧॥
9723	224	ਐਸਾ ਗਰਬੁ ਬੁਰਾ ਸੰਸਾਰੈ॥		Aisaa Garab Buraa Sansaarai ||	Such is the horrible pride of the world.	ਜਗਤ ਵਿਚ ਅਹੰਕਾਰ ਇਕ ਐਸਾ ਵਿਕਾਰ ਹੈ, ਜੋ ਬਹੁਤ ਭੈੜਾ ਹੈ, (ਵੱਡੇ ਵੱਡੇ ਅਖਵਾਣ ਵਾਲੇ ਭੀ ਜਦੋਂ ਅਹੰਕਾਰ ਦੇ ਢਹੇ ਚੜ੍ਹੇ ਤਾਂ ਬਹੁਤ ਖ਼ੁਆਰ ਹੋਏ)।
9724	224	ਜਿਸੁ ਗੁਰੁ ਮਿਲੈ ਤਿਸੁ ਗਰਬੁ ਨਿਵਾਰੈ॥੧॥ਰਹਾਉ॥		Jis Gur Milai This Garab Nivaarai ||1|| Rehaao ||	The Guru eliminates the pride of those who meet Him. ||1||Pause||	ਜਿਸ (ਭਾਗਾਂ ਵਾਲੇ ਮਨੁੱਖ) ਨੂੰ ਗੁਰੂ ਮਿਲ ਪੈਂਦਾ ਹੈ (ਗੁਰੂ) ਉਸ ਦਾ ਅਹੰਕਾਰ ਦੂਰ ਕਰ ਦੇਂਦਾ ਹੈ ॥੧॥ ਰਹਾਉ ॥
9725	224	ਬਲਿ ਰਾਜਾ ਮਾਇਆ ਅਹੰਕਾਰੀ॥	ਅਹੰ-ਕਾਰੀ	Bal Raajaa Maaeiaa Ahankaaree ||	Bal the King, in Maya and egotism,	ਰਾਜੇ ਬਲਿ ਨੂੰ ਮਾਇਆ ਦਾ ਮਾਣ ਹੋ ਗਿਆ।

9726	224	ਜਗਨ ਕਰੈ ਬਹੁ ਭਾਰ ਅਫਾਰੀ॥	(ਜੱਗਨ) ਬਹੁਤੇ ਜੱਗ। (ਅਫਾਰੀ) ਹੰਕਾਰੀ	Jagan Karai Bahu Bhaar Afaaree ||	Held his ceremonial feasts, but he was puffed up with pride.	ਉਸ ਨੇ ਬੜੇ ਜੱਗ ਕੀਤੇ। ਅਹੰਕਾਰ ਨਾਲ ਬਹੁਤ ਆਫਰਿਆ। (ਇੰਦਰ ਦਾ ਸਿੰਘਾਸਨ ਖੋਹਣ ਲਈ ਉਸ ਨੇ ਇਕੋਤ੍ਰ-ਸੌ ਜੱਗ ਕੀਤੇ। ਜੇ ਅਖ਼ੀਰਲਾ ਜੱਗ ਨਿਰਵਿਘਨ ਸਿਰੇ ਚੜ੍ਹ ਜਾਂਦਾ, ਤਾਂ ਇੰਦਰ ਦਾ ਰਾਜ ਖੋਹ ਲੈਂਦਾ। ਇੰਦਰ ਨੇ ਵਿਸ਼ਨੂੰ ਦੀ ਸਹਾਇਤਾ ਮੰਗੀ। ਵਿਸ਼ਨੂੰ ਬ੍ਰਾਹਮਣ ਦਾ ਰੂਪ ਧਾਰ ਕੇ ਦਾਨ ਮੰਗਣ ਆ ਗਿਆ। ਬਲਿ ਦੇ ਗੁਰੂ ਸ਼ੁੱਕਰ ਨੇ ਬਲਿ ਨੂੰ ਸਮਝਾਇਆ ਕਿ ਇਹ ਛਲ ਹੈ, ਇਸ ਵਿਚ ਨਾਹ ਫਸੀਂ,
9727	224	ਬਿਨੁ ਗੁਰ ਪੂਛੇ ਜਾਇ ਪਇਆਰੀ॥੨॥	(ਪਇਆਰੀ) ਪਤਾਲ ਚ	Bin Gur Pooshhae Jaae Paeiaaree ||2||	Without the Guru's advice, he had to go to the underworld. ||2||	ਪਰ (ਮਾਇਆ ਦੇ ਮਾਣ ਵਿਚ) ਆਪਣੇ ਗੁਰੂ ਦੀ ਸਲਾਹ ਲੈਣ ਤੋਂ ਬਿਨਾ (ਉਸ ਨੇ ਬ੍ਰਾਹਮਣ ਰੂਪ-ਧਾਰੀ ਵਿਸ਼ਨੂੰ ਨੂੰ ਦਾਨ ਦੇਣਾ ਮੰਨ ਲਿਆ ਤੇ) ਪਾਤਾਲ ਵਿਚ ਚਲਾ ਗਿਆ ॥੨॥
9728	224	ਹਰੀਚੰਦੁ ਦਾਨੁ ਕਰੈ ਜਸੁ ਲੇਵੈ॥		Hareechandh Dhaan Karai Jas Laevai ||	Hari Chand gave in charity, and earned public praise.	(ਰਾਜਾ) ਹਰੀਚੰਦ (ਭੀ) ਦਾਨ ਕਰਦਾ ਸੀ, (ਦਾਨ ਦੀ ਸੋਭਾ ਵਿਚ ਹੀ ਮਸਤ ਰਿਹਾ)।

9729	224	ਬਿਨੁ ਗੁਰ ਅੰਤੁ ਨ ਪਾਇ ਅਭੇਵੈ॥	(ਅਭੇਵੈ) (ਅ+ਭੇਵੈ) (ਭੇਵੈ) ਭੇਦ ਪਾਉਣ ਤੋਂ (ਅ) ਰਹਿਤ	Bin Gur Anth N Paae Abhaevai ||	But without the Guru, he did not find the limits of the Mysterious Lord.	ਗੁਰੂ ਤੋਂ ਬਿਨਾ ਉਹ ਭੀ ਇਹ ਨਾਹ ਸਮਝ ਸਕਿਆ ਕਿ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਉਸ ਦਾ ਭੇਤ ਨਹੀਂ ਪਾਇਆ ਜਾ ਸਕਦਾ (ਉਸ ਦੀ ਸ੍ਰਿਸ਼ਟੀ ਵਿਚ ਬੇਅੰਤ ਦਾਨੀ ਹਨ)।
9730	224	ਆਪਿ ਭੁਲਾਇ ਆਪੇ ਮਤਿ ਦੇਵੈ॥੩॥		Aap Bhulaae Aapae Math Dhaevai ||3||	The Lord Himself misleads people, and He Himself imparts understanding. ||3||	(ਪਰ ਜੀਵ ਦੇ ਕੀਹ ਵੱਸ?) ਪਰਮਾਤਮਾ ਆਪ ਭੁਲਾਉਂਦਾ ਹੈ ਅਤੇ ਆਪ ਹੀ ਅਕਲ ਦੇਂਦਾ ਹੈ ॥੩॥
9731	224	ਦੁਰਮਤਿ ਹਰਣਾਖਸੁ ਦੁਰਾਚਾਰੀ॥	(ਦੁਰਾਚਾਰੀ) ਖੋਟੇ ਕੰਮ ਕਰਨ ਵਾਲਾ	Dhuramath Haranaakhas Dhuraachaaree ||	The evil-minded Harnaakhash committed evil deeds.	ਭੈੜੀ ਮਤਿ ਦੇ ਕਾਰਨ ਹਰਣਾਖਸ ਦੁਰਾਚਾਰੀ ਹੋ ਗਿਆ (ਅੱਤਿਆਚਾਰ ਕਰਨ ਲੱਗ ਪਿਆ)।
9732	224	ਪ੍ਰਭੁ ਨਾਰਾਇਣੁ ਗਰਬ ਪ੍ਰਹਾਰੀ॥	(ਗਰਬ) ਹੰਕਾਰ (ਪ੍ਰਹਾਰੀ) ਨਾਸ ਕਰਨ ਵਾਲੇ	Prabh Naaraaein Garab Prehaaree ||	God, the Lord of all, is the Destroyer of pride.	ਪਰ ਨਾਰਾਇਣ ਪ੍ਰਭੂ ਆਪ ਹੀ (ਅਹੰਕਾਰੀਆਂ ਦਾ) ਅਹੰਕਾਰ ਦੂਰ ਕਰਨ ਵਾਲਾ ਹੈ।
9733	224	ਪ੍ਰਹਲਾਦ ਉਧਾਰੇ ਕਿਰਪਾ ਧਾਰੀ॥੪॥		Prehalaadh Oudhhaarae Kirapaa Dhhaaree ||4||	He bestowed His Mercy, and saved Prahlaad. ||4||	ਉਸ ਨੇ ਮਿਹਰ ਕੀਤੀ ਤੇ ਪ੍ਰਹਿਲਾਦ ਦੀ ਰੱਖਿਆ ਕੀਤੀ (ਹਰਣਾਖਸ ਦਾ ਮਾਣ ਤੋੜਿਆ) ॥੪॥
9734	224	ਭੂਲੋ ਰਾਵਣੁ ਮੁਗਧੁ ਅਚੇਤਿ॥	(ਮੁਗਧੁ) ਮੂਰਖ। (ਅਚੇਤਿ) ਬੇਸਮਝ	Bhoolo Raavan Mugadhh Achaeth ||	Raawan was deluded, foolish and unwise.	ਮੂਰਖ ਰਾਵਣ ਬੇ-ਸਮਝੀ ਵਿਚ ਕੁਰਾਹੇ ਪੈ ਗਿਆ।

9735	224	ਲੂਟੀ ਲੰਕਾ ਸੀਸ ਸਮੇਤਿ॥		Loottee Lankaa Sees Samaeth ||	Sri Lanka was plundered, and he lost his head.	(ਸਿੱਟਾ ਇਹ ਨਿਕਲਿਆ ਕਿ) ਉਸ ਦੀ ਲੰਕਾ ਲੁੱਟੀ ਗਈ, ਤੇ ਉਸ ਦਾ ਸਿਰ ਭੀ ਕੱਟਿਆ ਗਿਆ।
9736	224	ਗਰਬਿ ਗਇਆ ਬਿਨੁ ਸਤਿਗੁਰ ਹੇਤਿ॥੫॥		Garab Gaeiaa Bin Sathigur Haeth ||5||	He indulged in ego, and lacked the love of the True Guru. ||5||	ਅਹੰਕਾਰ ਦੇ ਕਾਰਨ, ਗੁਰੂ ਦੀ ਸਰਨ ਪੈਣ ਤੋਂ ਬਿਨਾ ਅਹੰਕਾਰ ਦੇ ਮਦ ਵਿਚ ਹੀ ਰਾਵਣ ਤਬਾਹ ਹੋਇਆ ॥੫॥
9737	224	ਸਹਸਬਾਹੁ ਮਧੁ ਕੀਟ ਮਹਿਖਾਸਾ॥		Sehasabaahu Madhh Keett Mehikhaasaa ||	The Lord killed the thousand-armed Arjun, and the demons Madhu-keetab and Meh-khaasaa.	ਸਹਸਬਾਹੂ (ਨੂੰ ਪਰਸ ਰਾਮ ਨੇ ਮਾਰਿਆ,) ਮਧੁ ਤੇ ਕੈਟਭ (ਨੂੰ ਵਿਸ਼ਨੂੰ ਨੇ ਮਾਰ ਦਿੱਤਾ) ਮਹਿਖਾਸੁਰ (ਦੁਰਗਾ ਦੇ ਹੱਥੋਂ ਮਰਿਆ,)
9738	224	ਹਰਣਾਖਸੁ ਲੇ ਨਖਹੁ ਬਿਧਾਸਾ॥	(ਬਿਧਾਸਾ) ਪਾੜਿਆ। ਨਖਹੁ: ਪੋਲਾ ਬੋਲੋ	Haranaakhas Lae Nakhahu Bidhhaasaa ||	He seized Harnaakhash and tore him apart with his nails.	ਹਰਣਾਖਸ ਨੂੰ (ਨਰਸਿੰਘ ਨੇ) ਨਹੁੰਆਂ ਨਾਲ ਮਾਰ ਦਿੱਤਾ।
9739	224	ਦੈਤ ਸੰਘਾਰੇ ਬਿਨੁ ਭਗਤਿ ਅਭਿਆਸਾ॥੬॥	(ਸੰਘਾਰੇ) ਮਾਰੇ	Dhaith Sanghaarae Bin Bhagath Abhiaasaa ||6||	The demons were slain; they did not practice devotional worship. ||6||	ਇਹ ਸਾਰੇ ਦੈਂਤ ਪ੍ਰਭੂ ਦੀ ਭਗਤੀ ਦੇ ਅੱਭਿਆਸ ਤੋਂ ਵਾਂਜੇ ਰਹਿਣ ਕਰਕੇ (ਆਪਣੀ ਮੂਰਖਤਾ ਦੀ ਸਜ਼ਾ ਭੁਗਤਦੇ) ਮਾਰੇ ਗਏ ॥੬॥
9740	224	ਜਰਾਸੰਧਿ ਕਾਲਜਮੁਨ ਸੰਘਾਰੇ॥		Jaraasandhh Kaalajamun Sanghaarae ||	The demons Jaraa-sandh and Kaal-jamun were destroyed.	ਜਰਾਸੰਧਿ ਤੇ ਕਾਲਜਮੁਨ (ਕ੍ਰਿਸ਼ਨ ਜੀ ਦੇ ਹੱਥੋਂ) ਮਾਰੇ ਗਏ।

9741	224	ਰਕਤਬੀਜੁ ਕਾਲੁਨੇਮੁ ਬਿਦਾਰੇ॥	(ਬਿਦਾਰੇ) ਨਾਸ ਕੀਤੇ	Rakathabeej Kaalunaem Bidhaarae ||	Rakat-beej and Kaal-naym were annihilated.	ਰਕਤ ਬੀਜ (ਦੁਰਗਾ ਦੇ ਹੱਥੋਂ) ਮਾਰਿਆ, ਕਾਲਨੇਮ (ਵਿਸ਼ਨੂੰ ਦੇ ਤ੍ਰਿਸ਼ੂਲ ਨਾਲ) ਚੀਰਿਆ ਗਿਆ (ਇਹਨਾਂ ਅਹੰਕਾਰੀਆਂ ਨੂੰ ਇਹਨਾਂ ਦੇ ਅਹੰਕਾਰ ਨੇ ਹੀ ਲਿਆ।)
9742	224	ਦੈਤ ਸੰਘਾਰਿ ਸੰਤ ਨਿਸਤਾਰੇ॥੭॥		Dhaith Sanghaar Santh Nisathaarae ||7||	Slaying the demons, the Lord saved His Saints. ||7||	ਪਰਮਾਤਮਾ ਨੇ ਦੈਂਤ ਮਾਰ ਕੇ ਸੰਤਾਂ ਦੀ ਰੱਖਿਆ ਕੀਤੀ ॥੭॥
9743	224	ਆਪੇ ਸਤਿਗੁਰੁ ਸਬਦੁ ਬੀਚਾਰੇ॥		Aapae Sathigur Sabadh Beechaarae ||	He Himself, as the True Guru, contemplates the Shabad.	(ਇਸ ਸਾਰੀ ਖੇਡ ਦਾ ਮਾਲਕ ਪਰਮਾਤਮਾ) ਆਪ ਹੀ ਗੁਰੂ-ਰੂਪ ਹੋ ਕੇ ਆਪਣੀ ਸਿਫ਼ਤ-ਸਾਲਾਹ ਦੀ ਬਾਣੀ ਨੂੰ ਵਿਚਾਰਦਾ ਹੈ,
9744	225	ਦੂਜੈ ਭਾਇ ਦੈਤ ਸੰਘਾਰੇ॥		Dhoojai Bhaae Dhaith Sanghaarae ||	Because of the love of duality, God killed the demons.	ਆਪ ਹੀ ਦੈਂਤਾਂ ਨੂੰ ਮਾਇਆ ਦੇ ਮੋਹ ਵਿਚ ਫਸਾ ਕੇ ਮਾਰਦਾ ਹੈ,
9745	225	ਗੁਰਮੁਖਿ ਸਾਚਿ ਭਗਤਿ ਨਿਸਤਾਰੇ॥੮॥		Guramukh Saach Bhagath Nisathaarae ||8||	By their true devotion, the Gurmukhs have been saved. ||8||	ਆਪ ਹੀ ਗੁਰੂ ਦੀ ਸਰਨ ਪਏ ਬੰਦਿਆਂ ਨੂੰ ਆਪਣੇ ਸਿਮਰਨ ਵਿਚ ਆਪਣੀ ਭਗਤੀ ਵਿੱਚ ਜੋੜ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਂਦਾ ਹੈ ॥੮॥
9746	225	ਬੂਡਾ ਦੁਰਜੋਧਨੁ ਪਤਿ ਖੋਈ॥		Booddaa Dhurajodhhan Path Khoee ||	Sinking down, Durodhan lost his honor.	ਦੁਰਜੋਧਨ (ਅਹੰਕਾਰ ਵਿਚ) ਡੁੱਬਿਆ, ਤੇ ਆਪਣੀ ਇੱਜ਼ਤ ਗਵਾ ਬੈਠਾ।

9747	225	ਰਾਮੁ ਨ ਜਾਨਿਆ ਕਰਤਾ ਸੋਈ॥		Raam N Jaaniaa Karathaa Soee ||	He did not know the Creator Lord.	(ਅਹੰਕਾਰ ਵਿਚ ਆ ਕੇ) ਉਸ ਨੇ ਪਰਮਾਤਮਾ ਨੂੰ ਕਰਤਾਰ ਨੂੰ ਚੇਤੇ ਨਾਹ ਰੱਖਿਆ (ਇਥੋਂ ਤਕ ਨਿੱਘਰਿਆ ਕਿ ਅਨਾਥ ਦ੍ਰੋਪਤੀ ਦੀ ਬੇ-ਪਤੀ ਕਰਨ ਤੇ ਉਤਰ ਆਇਆ)।
9748	225	ਜਨ ਕਉ ਦੂਖਿ ਪਚੈ ਦੁਖੁ ਹੋਈ॥੯॥		Jan Ko Dhookh Pachai Dhukh Hoee ||9||	One who makes the Lord's humble servant suffer, shall himself suffer and rot. ||9||	ਪਰ ਜੇਹੜਾ ਪਰਮਾਤਮਾ ਦੇ ਦਾਸ ਨੂੰ (ਦੁੱਖ ਦੇਂਦਾ ਹੈ ਉਹ ਉਸ) ਦੁੱਖ ਦੇ ਕਾਰਨ ਆਪ ਹੀ ਖ਼ੁਆਰ ਹੁੰਦਾ ਹੈ, ਉਸ ਨੂੰ ਆਪ ਨੂੰ ਹੀ ਉਹ ਦੁੱਖ (ਮਾਰੂ ਹੋ ਢੁਕਦਾ) ਹੈ ॥੯॥
9749	225	ਜਨਮੇਜੈ ਗੁਰ ਸਬਦੁ ਨ ਜਾਨਿਆ॥		Janamaejai Gur Sabadh N Jaaniaa ||	Janameja did not know the Word of the Guru's Shabad.	ਰਾਜਾ ਜਨਮੇਜੈ ਨੇ ਆਪਣੇ ਗੁਰੂ ਦੀ ਸਿੱਖਿਆ ਨੂੰ ਨਾ ਸਮਝਿਆ (ਆਪਣੇ ਧਨ ਤੇ ਅਕਲ ਦਾ ਮਾਣ ਕੀਤਾ।
9750	225	ਕਿਉ ਸੁਖੁ ਪਾਵੈ ਭਰਮਿ ਭੁਲਾਨਿਆ॥		Kio Sukh Paavai Bharam Bhulaaniaa ||	Deluded by doubt, how could he find peace?	ਅਹੰਕਾਰ ਕੇ ਕਾਰਨ) ਭੁਲੇਖੇ ਵਿਚ ਪੈ ਕੇ ਕੁਰਾਹੇ ਪੈ ਗਿਆ, ਫਿਰ ਸੁਖ ਕਿਥੋਂ ਮਿਲੇ ਸੁ?
9751	225	ਇਕੁ ਤਿਲੁ ਭੂਲੇ ਬਹੁਰਿ ਪਛੁਤਾਨਿਆ॥੧੦॥		Eik Thil Bhoolae Bahur Pashhuthaaniaa ||10||	Making a mistake, for even an instant, you shall regret and repent later on. ||10||	(ਗੁਰੂ ਨੇ ਸਮਝਾ ਕੇ ਕੋੜ੍ਹ ਦੀ ਭਾਰੀ ਬਿਪਤਾ ਤੋਂ ਬਚਾਣ ਦਾ ਉੱਦਮ ਕੀਤਾ, ਪਰ ਫਿਰ ਭੀ) ਥੋੜਾ ਜਿਤਨਾ ਖੁੰਝ ਗਿਆ, ਤੇ ਮੁੜ ਪਛੁਤਾਇਆ (ਅਹੰਕਾਰ ਬੜੇ ਬੜੇ ਸਿਆਣਿਆਂ ਦੀ ਅਕਲ ਨੂੰ ਚੱਕਰ ਵਿੱਚ ਪਾ ਦੇਂਦਾ ਹੈ) ॥੧੦॥

9752	225	ਕੰਸੁ ਕੇਸੁ ਚਾਂਡੂਰੁ ਨ ਕੋਈ॥		Kans Kaes Chaanddoor N Koee ||	Kansa the King and his warriors Kays and Chandoor had no equals.	ਕੰਸ, ਕੇਸੀ, ਤੇ ਚਾਂਡੂਰ (ਬੜੇ ਬੜੇ ਸੂਰਮੇ ਸਨ, ਸੂਰਮਤਾ ਵਿਚ ਇਹਨਾਂ ਦੇ ਬਰਾਬਰ ਦਾ) ਕੋਈ ਨਹੀਂ ਸੀ।
9753	225	ਰਾਮੁ ਨ ਚੀਨਿਆ ਅਪਨੀ ਪਤਿ ਖੋਈ॥		Raam N Cheeniaa Apanee Path Khoee ||	But they did not remember the Lord, and they lost their honor.	(ਪਰ ਆਪਣੀ ਤਾਕਤ ਦੇ ਅਹੰਕਾਰ ਵਿਚ) ਇਹਨਾਂ ਪਰਮਾਤਮਾ ਦੀ ਲੀਲਾ ਨੂੰ ਨਾਹ ਸਮਝਿਆ ਤੇ ਆਪਣੀ ਇੱਜ਼ਤ ਗਵਾ ਲਈ।
9754	225	ਬਿਨੁ ਜਗਦੀਸ ਨ ਰਾਖੈ ਕੋਈ॥੧੧॥	ਜੱਗਦੀਸ	Bin Jagadhees N Raakhai Koee ||11||	Without the Lord of the Universe, no one can be saved. ||11||	(ਆਪਣੀ ਤਾਕਤ ਦਾ ਮਾਣ ਕੂੜਾ ਹੈ। ਇਹ ਤਾਕਤ ਕੋਈ ਮਦਦ ਨਹੀਂ ਕਰਦੀ) ਕਰਤਾਰ ਤੋਂ ਬਿਨਾ ਹੋਰ ਕੋਈ (ਕਿਸੇ ਦੀ) ਰੱਖਿਆ ਨਹੀਂ ਕਰ ਸਕਦਾ ॥੧੧॥
9755	225	ਬਿਨੁ ਗੁਰ ਗਰਬੁ ਨ ਮੇਟਿਆ ਜਾਇ॥		Bin Gur Garab N Maettiaa Jaae ||	Without the Guru, pride cannot be eradicated.	(ਅਹੰਕਾਰ ਬੜਾ ਬਲੀ ਹੈ) ਗੁਰੂ ਦੀ ਸਰਨ ਪੈਣ ਤੋਂ ਬਿਨਾ ਇਸ ਅਹੰਕਾਰ ਨੂੰ (ਅੰਦਰੋਂ) ਮਿਟਾਇਆ ਨਹੀਂ ਜਾ ਸਕਦਾ।
9756	225	ਗੁਰਮਤਿ ਧਰਮੁ ਧੀਰਜੁ ਹਰਿ ਨਾਇ॥		Guramath Dharam Dheeraj Har Naae ||	Following the Guru's Teachings, one obtains Dharmic faith, composure and the Lord's Name.	ਜੇਹੜਾ ਮਨੁੱਖ ਗੁਰੂ ਦੀ ਸਿੱਖਿਆ ਧਾਰਨ ਕਰਦਾ ਹੈ ਉਹ (ਅਹੰਕਾਰ ਮਿਟਾ ਕੇ) ਧੀਰਜ ਧਾਰਦਾ ਹੈ (ਧੀਰਜ ਬੜਾ ਉੱਚਾ) ਧਰਮ ਹੈ।
9757	225	ਨਾਨਕ ਨਾਮੁ ਮਿਲੈ ਗੁਣ ਗਾਇ॥੧੨॥੯॥		Naanak Naam Milai Gun Gaae ||12||9||	O Nanak, singing the Glories of God, His Name is received. ||12||9||	ਹੇ ਨਾਨਕ! ਗੁਰੂ ਦੀ ਸਿੱਖਿਆ ਤੇ ਤੁਰਿਆਂ ਹੀ ਪਰਮਾਤਮਾ ਦਾ ਨਾਮ ਪ੍ਰਾਪਤ ਹੁੰਦਾ ਹੈ, ਤੇ ਜੀਵ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ ॥੧੨॥੯॥

9758	225	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
9759	225	ਚੋਆ ਚੰਦਨੁ ਅੰਕਿ ਚੜਾਵਉ॥	(ਅੰਕਿ) ਸਰੀਰ ਤੇ। ਚੜ੍ਹਾਵਉ	Choaa Chandhan Ank Charraavo ||	I may anoint my limbs with sandalwood oil.	ਜੇ ਮੈਂ ਅਤਰ ਅਤੇ ਚੰਦਨ ਆਪਣੇ ਸਰੀਰ ਉਤੇ ਲਾ ਲਵਾਂ,
9760	225	ਪਾਟ ਪਟੰਬਰ ਪਹਿਰਿ ਹਢਾਵਉ॥	(ਪਾਟ) ਰੇਸ਼ਮ। (ਪਟੰਬਰ) ਰੇਸ਼ਮੀ ਕੱਪੜਾ। ਪ-ਹਿਰਿ	Paatt Pattanbar Pehir Hadtaavo ||	I may dress up and wear silk and satin clothes.	ਜੇ ਮੈਂ ਰੇਸ਼ਮ ਰੇਸ਼ਮੀ ਕੱਪੜੇ ਪਹਿਨ ਕੇ ਹੰਢਾਵਾਂ,
9761	225	ਬਿਨੁ ਹਰਿ ਨਾਮ ਕਹਾ ਸੁਖੁ ਪਾਵਉ॥੧॥		Bin Har Naam Kehaa Sukh Paavo ||1||	But without the Lord's Name, where would I find peace? ||1||	(ਫਿਰ ਭੀ) ਜੇ ਮੈਂ ਪਰਮਾਤਮਾ ਦੇ ਨਾਮ ਤੋਂ ਸੁੰਞਾ ਹਾਂ, ਤਾਂ ਕਿਤੇ ਭੀ ਮੈਨੂੰ ਸੁਖ ਨਹੀਂ ਮਿਲ ਸਕਦਾ ॥੧॥
9762	225	ਕਿਆ ਪਹਿਰਉ ਕਿਆ ਓਢਿ ਦਿਖਾਵਉ॥	(ਓਢਿ) ਪਹਿਨ ਕੇ	Kiaa Pehiro Kiaa Oudt Dhikhaavo ||	So what should I wear? In what clothes should I display myself?	ਵਧੀਆ ਵਧੀਆ ਕੱਪੜੇ ਪਹਿਨਣ ਤੇ ਪਹਿਨ ਕੇ ਦੂਜਿਆਂ ਨੂੰ ਵਿਖਾਲਣ ਦਾ ਕੀਹ ਲਾਭ ਹੈ?
9763	225	ਬਿਨੁ ਜਗਦੀਸ ਕਹਾ ਸੁਖੁ ਪਾਵਉ॥੧॥ਰਹਾਉ॥		Bin Jagadhees Kehaa Sukh Paavo ||1|| Rehaao ||	Without the Lord of the Universe, how can I find peace? ||1||Pause||	ਪਰਮਾਤਮਾ (ਦੇ ਚਰਨਾਂ ਵਿਚ ਜੁੜਨ) ਤੋਂ ਬਿਨਾ ਸੁਖ ਹੋਰ ਕਿਤੇ ਭੀ ਨਹੀਂ ਮਿਲ ਸਕਦਾ ਹੈ ॥੧॥ ਰਹਾਉ ॥
9764	225	ਕਾਂਨੀ ਕੁੰਡਲ ਗਲਿ ਮੋਤੀਅਨ ਕੀ ਮਾਲਾ॥	ਮਾਲਾ: ਪੋਲਾ ਬੋਲੋ	Kaanee Kunddal Gal Motheean Kee Maalaa ||	I may wear ear-rings, and a pearl necklace around my neck;	ਜੇ ਮੈਂ ਆਪਣੇ ਕੰਨਾਂ ਵਿਚ ਕੁੰਡਲ ਪਾ ਲਵਾਂ, ਗਲ ਵਿਚ ਮੋਤੀਆਂ ਦੀ ਮਾਲਾ ਪਾ ਲਵਾਂ,

9765	225	ਲਾਲ ਨਿਹਾਲੀ ਫੂਲ ਗੁਲਾਲਾ॥	(ਨਿਹਾਲੀ) ਤੁਲਾਈ। (ਗੁਲਾਲਾ) ਗੂੜ੍ਹੇ ਲਾਲ ਰੰਗ ਦਾ	Laal Nihaalee Fool Gulaalaa ||	My bed may be adorned with red blankets, flowers and red powder;	ਮੇਰੀ ਲਾਲ ਰੰਗ ਦੀ ਤੁਲਾਈ ਉਤੇ ਗੁਲਾਲ ਫੁੱਲ (ਖਿਲਰੇ ਹੋਏ) ਹੋਣ,
9766	225	ਬਿਨੁ ਜਗਦੀਸ ਕਹਾ ਸੁਖੁ ਭਾਲਾ॥੨॥	ਜੱਗਦੀਸ। ਭਾਲਾ:ਪੋਲਾ ਬੋਲੋ	Bin Jagadhees Kehaa Sukh Bhaalaa ||2||	But without the Lord of the Universe, where can I search for peace? ||2||	(ਫਿਰ ਭੀ) ਪਰਮਾਤਮਾ ਦੇ ਸਿਮਰਨ ਤੋਂ ਬਿਨਾ ਮੈਂ ਕਿਤੇ ਭੀ ਸੁਖ ਨਹੀਂ ਲੱਭ ਸਕਦਾ ॥੨॥
9767	225	ਨੈਨ ਸਲੋਨੀ ਸੁੰਦਰ ਨਾਰੀ॥	(ਸਲੋਨੀ) ਸੁੰਦਰ	Nain Salonee Sundhar Naaree ||	I may have a beautiful woman with fascinating eyes;	ਜੇ ਸੋਹਣੀਆਂ ਅੱਖਾਂ ਵਾਲੀ ਸੁੰਦਰ ਮੇਰੀ ਇਸਤ੍ਰੀ ਹੋਵੇ,
9768	225	ਖੋੜ ਸੀਗਾਰ ਕਰੈ ਅਤਿ ਪਿਆਰੀ॥	(ਖੋੜ) ਸੋਲਾਂ	Khorr Seegaar Karai Ath Piaaree ||	She may decorate herself with the sixteen adornments, and make herself appear gorgeous.	ਉਹ ਸੋਲਾਂ ਕਿਸਮਾਂ ਦੇ ਹਾਰ-ਸ਼ਿੰਗਾਰ ਕਰਦੀ ਹੋਵੇ, ਤੇ ਮੈਨੂੰ ਬਹੁਤ ਪਿਆਰੀ ਲੱਗਦੀ ਹੋਵੇ;
9769	225	ਬਿਨੁ ਜਗਦੀਸ ਭਜੇ ਨਿਤ ਖੁਆਰੀ॥੩॥	ਜੱਗਦੀਸ। ਭਜੇ: ਪੋਲਾ ਬੋਲੋ	Bin Jagadhees Bhajae Nith Khuaaree ||3||	But without meditating on the Lord of the Universe, there is only continual suffering. ||3||	(ਫਿਰ ਭੀ) ਜਗਤ ਦੇ ਮਾਲਕ ਪ੍ਰਭੂ ਦਾ ਸਿਮਰਨ ਕਰਨ ਤੋਂ ਬਿਨਾ ਸਦਾ ਖ਼ੁਆਰੀ ਹੀ ਹੁੰਦੀ ਹੈ ॥੩॥
9770	225	ਦਰ ਘਰ ਮਹਲਾ ਸੇਜ ਸੁਖਾਲੀ॥	(ਸੁਖਾਲੀ) ਸੁਖਦਾਈ	Dhar Ghar Mehalaa Saej Sukhaalee ||	In his hearth and home, in his palace, upon his soft and comfortable bed,	ਜੇ ਮੇਰੇ ਪਾਸ ਵੱਸਣ ਲਈ ਮਹਲ-ਮਾੜੀਆਂ ਹੋਣ, ਸੁਖ ਦੇਣ ਵਾਲਾ ਮੇਰਾ ਪਲੰਘ ਹੋਵੇ,
9771	225	ਅਹਿ ਨਿਸਿ ਫੂਲ ਬਿਛਾਵੈ ਮਾਲੀ॥		Ahinis Fool Bishhaavai Maalee ||	Day and night, the flower-girls scatter flower petals;	ਉਸ ਉਤੇ ਮਾਲੀ ਦਿਨ ਰਾਤ ਫੁੱਲ ਵਿਛਾਂਦਾ ਰਹੇ,

9772	225	ਬਿਨੁ ਹਰਿ ਨਾਮ ਸੁ ਦੇਹ ਦੁਖਾਲੀ॥੪॥		Bin Har Naam S Dhaeh Dhukhaalee ||4||	But without the Lord's Name, the body is miserable. ||4||	(ਫਿਰ ਭੀ) ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਇਹ ਸਰੀਰ ਦੁੱਖਾਂ ਦਾ ਘਰ ਹੀ ਬਣਿਆ ਰਹਿੰਦਾ ਹੈ ॥੪॥
9773	225	ਹੈਵਰ ਗੈਵਰ ਨੇਜੇ ਵਾਜੇ॥	(ਹੈਵਰ) ਸ੍ਰੇਸ਼ਟ ਘੋੜੇ। (ਗੈਵਰ) ਸ੍ਰੇਸ਼ਟ ਹਾਥੀ	Haivar Gaivar Naejae Vaajae ||	Horses, elephants, lances, marching bands,	ਜੇ ਮੇਰੇ ਪਾਸ ਵਧੀਆ ਘੋੜੇ ਵਧੀਆ ਹਾਥੀ ਹੋਣ, ਨੇਜ਼ਾ-ਬਰਦਾਰ ਫ਼ੌਜਾਂ ਹੋਣ, ਫ਼ੌਜੀ ਵਾਜੇ ਵੱਜਦੇ ਹੋਣ,
9774	225	ਲਸਕਰ ਨੇਬ ਖਵਾਸੀ ਪਾਜੇ॥	(ਲਸਕਰ) ਫੌਜ। (ਨੇਬ) ਚੋਬਦਾਰ। (ਖਵਾਸੀ) ਚੌਰ ਬਰਦਾਰ, ਸ਼ਾਹੀ ਨੌਕਰ। (ਪੱਾਜੇ) ਦਾਸ	Lasakar Naeb Khavaasee Paajae ||	Armies, standard bearers, royal attendants and ostentatious displays	ਲਸ਼ਕਰ ਹੋਣ, ਨਾਇਬ ਹੋਣ, ਸ਼ਾਹੀ ਨੌਕਰ ਹੋਣ, ਇਹ ਸਾਰਾ ਵਿਖਾਵਾ ਹੋਵੇ,
9775	225	ਬਿਨੁ ਜਗਦੀਸ ਝੂਠੇ ਦਿਵਾਜੇ॥੫॥	(ਦਿਵਾਜੇ) ਦਿਖਾਵੇ	Bin Jagadhees Jhoothae Dhivaajae ||5||	- without the Lord of the Universe, these undertakings are all useless. ||5||	(ਫਿਰ ਭੀ) ਜਗਤ ਦੇ ਮਾਲਕ ਪਰਮਾਤਮਾ ਦਾ ਸਿਮਰਨ ਕਰਨ ਤੋਂ ਬਿਨਾ ਇਹ (ਤਾਕਤ ਦੇ) ਵਿਖਾਵੇ ਨਾਸਵੰਤ ਹੀ ਹਨ ॥੫॥
9776	225	ਸਿਧੁ ਕਹਾਵਉ ਰਿਧਿ ਸਿਧਿ ਬੁਲਾਵਉ॥		Sidhh Kehaavo Ridhh Sidhh Bulaavo ||	He may be called a Siddha, a man of spiritual perfection, and he may summon riches and supernatural powers;	ਜੇ ਮੈਂ (ਆਪਣੇ ਆਪ ਨੂੰ) ਕਰਾਮਾਤੀ ਸਾਧੂ ਅਖਵਾ ਲਵਾਂ (ਜਦੋਂ ਚਾਹਾਂ) ਕਰਾਮਾਤੀ ਤਾਕਤਾਂ ਨੂੰ (ਆਪਣੇ ਪਾਸ) ਸੱਦ ਸਕਾਂ,
9777	225	ਤਾਜ ਕੁਲਹ ਸਿਰਿ ਛਤ੍ਰੁ ਬਨਾਵਉ॥	ਗੱਦੀ ਨਸ਼ੀਨੀ ਦੀ (ਕੁਲਹ) ਟੋਪੀ	Thaaj Kuleh Sir Shhathra Banaavo ||	He may place a crown upon his head, and carry a royal umbrella;	ਮੇਰੇ ਸਿਰ ਉਤੇ ਤਾਜ ਦੀ ਟੋਪੀ ਹੋਵੇ, ਮੈਂ ਆਪਣੇ ਸਿਰ ਉਤੇ (ਸ਼ਾਹੀ) ਛਤਰ ਝੁਲਾ ਸਕਾਂ,

9778	225	ਬਿਨੁ ਜਗਦੀਸ ਕਹਾ ਸਚੁ ਪਾਵਉ॥੬॥		Bin Jagadhees Kehaa Sach Paavo ||6||	But without the Lord of the Universe, where can Truth be found? ||6||	(ਫਿਰ ਭੀ) ਜਗਤ ਦੇ ਮਾਲਕ ਪ੍ਰਭੂ ਦੇ ਸਿਮਰਨ ਤੋਂ ਬਿਨਾ ਸਦਾ ਟਿਕੀ ਰਹਿਣ ਵਾਲੀ (ਆਤਮਕ) ਤਾਕਤ ਕਿਤੋਂ ਨਹੀਂ ਹਾਸਲ ਕਰ ਸਕਦਾ ॥੬॥
9779	225	ਖਾਨੁ ਮਲੂਕੁ ਕਹਾਵਉ ਰਾਜਾ॥	(ਖਾਨੁ) ਸਰਦਾਰ। (ਮਲੂਕੁ) ਪਾਤਸ਼ਾਹ	Khaan Malook Kehaavo Raajaa ||	He may be called an emperor, a lord, and a king;	ਜੇ ਮੈਂ ਆਪਣੇ ਆਪ ਨੂੰ ਖ਼ਾਨ ਅਖਵਾ ਲਵਾਂ, ਬਾਦਸ਼ਾਹ ਕਹਾ ਲਵਾਂ, ਰਾਜਾ ਸਦਵਾ ਲਵਾਂ,
9780	225	ਅਬੇ ਤਬੇ ਕੂੜੇ ਹੈ ਪਾਜਾ॥	ਅਬੇ ਤਬੇ:ਪੋਲਾ ਬੋਲੋ। (ਅਬੇ ਤਬੇ) ਨੌਕਰਾਂ ਤੇ ਹੁਕਮ। (ਪੱਾਜਾ) ਦਿਖਾਵੇ	Abae Thabae Koorrae Hai Paajaa ||	He may give orders - ""Do this now, do this then"" - but this is a false display.	ਨੌਕਰਾਂ ਚਾਕਰਾਂ ਨੂੰ ਝਿੜਕਾਂ ਭੀ ਦੇ ਸਕਾਂ, (ਤਾਕਤ ਦਾ ਇਹ ਸਾਰਾ) ਵਿਖਾਵਾ ਨਾਸ ਹੋ ਜਾਣ ਵਾਲਾ ਹੈ।
9781	225	ਬਿਨੁ ਗੁਰ ਸਬਦੁ ਨ ਸਵਰਸਿ ਕਾਜਾ॥੭॥	ਕੱਾਜਾ	Bin Gur Sabadh N Savaras Kaajaa ||7||	Without the Word of the Guru's Shabad, his works are not accomplished. ||7||	ਗੁਰੂ ਦੇ ਸ਼ਬਦ ਦਾ ਆਸਰਾ ਲੈਣ ਤੋਂ ਬਿਨਾ ਮਨੁੱਖਾ ਜੀਵਨ ਦਾ ਮਨੋਰਥ ਸਿਰੇ ਨਹੀਂ ਚੜ੍ਹਦਾ ॥੭॥
9782	225	ਹਉਮੈ ਮਮਤਾ ਗੁਰ ਸਬਦਿ ਵਿਸਾਰੀ॥		Houmai Mamathaa Gur Sabadh Visaaree ||	Egotism and possessiveness are dispelled by the Word of the Guru's Shabad.	ਮੈਂ ਵੱਡਾ ਬਣ ਜਾਵਾਂ ਤੇ ਮੇਰੀਆਂ ਬਹੁਤ ਮਲਕੀਅਤਾਂ ਹੋਣ-ਇਹ ਤਾਂਘ ਗੁਰੂ ਦੇ ਸ਼ਬਦ ਵਿਚ ਜੁੜਨ ਨਾਲ ਹੀ ਮਨ ਵਿਚੋਂ ਭੁੱਲਦੀ ਹੈ।
9783	225	ਗੁਰਮਤਿ ਜਾਨਿਆ ਰਿਦੈ ਮੁਰਾਰੀ॥		Guramath Jaaniaa Ridhai Muraaree ||	With the Guru's Teachings in my heart, I have come to know the Lord.	ਗੁਰੂ ਦੀ ਮਤਿ ਉਤੇ ਤੁਰਿਆਂ ਹੀ ਪਰਮਾਤਮਾ ਹਿਰਦੇ ਵਿਚ ਟਿਕਿਆ ਪਛਾਣਿਆ ਜਾ ਸਕਦਾ ਹੈ।

9784	225	ਪ੍ਰਣਵਤਿ ਨਾਨਕ ਸਰਣਿ ਤੁਮਾਰੀ॥੮॥੧੦॥		Pranavath Naanak Saran Thumaaree ||8||10||	Prays Nanak, I seek Your Sanctuary. ||8||10||	(ਪਰ ਇਹ ਸਭ ਕੁਝ ਤਦੋਂ ਹੀ ਹੋ ਸਕਦਾ ਹੈ ਜੇ ਪਰਮਾਤਮਾ ਦੀ ਆਪਣੀ ਮਿਹਰ ਹੋਵੇ। ਇਸ ਵਾਸਤੇ) ਨਾਨਕ ਪ੍ਰਭੂ-ਦਰ ਤੇ ਬੇਨਤੀ ਕਰਦਾ ਹੈ-(ਹੇ ਪ੍ਰਭੂ!) ਮੈਂ ਤੇਰੀ ਸਰਨ ਆਇਆ ਹਾਂ ॥੮॥੧੦॥
9785	225	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
9786	225	ਸੇਵਾ ਏਕ ਨ ਜਾਨਸਿ ਅਵਰੇ॥		Saevaa Eaek N Jaanas Avarae ||	Those who serve the One Lord, do not know any other.	ਹੇ ਭਾਈ! ਪਰਮਾਤਮਾ ਦਾ ਭਗਤ ਇਕ ਪਰਮਾਤਮਾ ਦੀ ਸੇਵਾ (ਭਗਤੀ) ਕਰਦਾ ਹੈ, ਕਿਸੇ ਹੋਰ ਨੂੰ (ਪਰਮਾਤਮਾ ਦੇ ਬਰਾਬਰ ਦਾ) ਨਹੀਂ ਸਮਝਦਾ।
9787	225	ਪਰਪੰਚ ਬਿਆਧਿ ਤਿਆਗੈ ਕਵਰੇ॥	(ਪਰਪੰਚ) ਸ੍ਰਿਸ਼ਟੀ। (ਬਿਆਧਿ) ਰੋਗ। (ਕਵਰੇ) ਕੌੜੇ	Parapanch Biaadhh Thiaagai Kavarae ||	They abandon the bitter worldly conflicts.	ਸੰਸਾਰ ਦੇ ਰੋਗ (ਪੈਦਾ ਕਰਨ ਵਾਲੇ ਭੋਗਾਂ) ਨੂੰ ਉਹ ਕੌੜੇ ਜਾਣ ਕੇ ਤਿਆਗ ਦੇਂਦਾ ਹੈ।
9788	225	ਭਾਇ ਮਿਲੈ ਸਚੁ ਸਾਚੈ ਸਚੁਰੇ॥੧॥	(ਸਚੁਰੇ) ਇਕੱਤ੍ਰ ਕਰੇ (ਦੂਜਾ ਪਾਠ: ਸਚੁ ਰੇ)	Bhaae Milai Sach Saachai Sach Rae ||1||	Through love and truth, they meet the Truest of the True. ||1||	(ਪਰਮਾਤਮਾ ਦੇ) ਪ੍ਰੇਮ ਵਿਚ ਜੁੜ ਕੇ ਉਹ ਸਦਾ-ਥਿਰ ਪਰਮਾਤਮਾ (ਦੇ ਚਰਨਾਂ) ਵਿਚ ਮਿਲ ਜਾਂਦਾ ਹੈ, ਉਹ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦਾ ਹੈ ॥੧॥
9789	225	ਐਸਾ ਰਾਮ ਭਗਤੁ ਜਨੁ ਹੋਈ॥		Aisaa Raam Bhagath Jan Hoee ||	Such are the humble devotees of the Lord.	ਪਰਮਾਤਮਾ ਦਾ ਭਗਤ ਪਰਮਾਤਮਾ ਦਾ ਸੇਵਕ ਇਸ ਤਰ੍ਹਾਂ ਦਾ ਹੁੰਦਾ ਹੈ,

9790	225	ਹਰਿ ਗੁਣ ਗਾਇ ਮਿਲੈ ਮਲੁ ਧੋਈ॥੧॥ਰਹਾਉ॥		Har Gun Gaae Milai Mal Dhhoee ||1|| Rehaao ||	They sing the Glorious Praises of the Lord, and their pollution is washed away. ||1||Pause||	ਉਹ ਪਰਮਾਤਮਾ ਦੇ ਗੁਣ ਗਾ ਕੇ (ਉਸ ਦੇ ਚਰਨਾਂ ਵਿਚ) ਮਿਲਦਾ ਹੈ ਤੇ (ਆਪਣੇ ਮਨ ਦੀ ਵਿਕਾਰਾਂ ਦੀ) ਮੈਲ ਧੋ ਲੈਂਦਾ ਹੈ ॥੧॥ ਰਹਾਉ ॥
9791	225	ਊਂਧੋ ਕਵਲੁ ਸਗਲ ਸੰਸਾਰੈ॥	(ਊਂਧੋ) ਉਲਟਾ	Oonadhho Kaval Sagal Sansaarai ||	The heart-lotus of the entire universe is upside-down.	ਸਾਰੇ ਜਗਤ (ਦੇ ਜੀਵਾਂ) ਦਾ ਹਿਰਦਾ-ਕਵਲ (ਪਰਮਾਤਮਾ ਦੇ ਸਿਮਰਨ ਵਲੋਂ) ਉਲਟਿਆ ਹੋਇਆ ਹੈ।
9792	225	ਦੁਰਮਤਿ ਅਗਨਿ ਜਗਤ ਪਰਜਾਰੈ॥	(ਪਰ-ਜਾਰੈ) ਚੰਗੀ ਤਰਾਂ ਸਾੜਦੀ। ਦੁਰ-ਮੱਤਿ। ਜੱਗ-ਤ	Dhuramath Agan Jagath Parajaarai ||	The fire of evil-mindedness is burning up the world.	ਇਸ ਭੈੜੀ ਕੋਝੀ ਮਤਿ ਦੀ ਅੱਗ ਸੰਸਾਰ (ਦੇ ਜੀਵਾਂ ਦੇ ਆਤਮਕ ਜੀਵਨ) ਨੂੰ ਚੰਗੀ ਤਰ੍ਹਾਂ ਸਾੜ ਰਹੀ ਹੈ।
9793	225	ਸੋ ਉਬਰੈ ਗੁਰ ਸਬਦੁ ਬੀਚਾਰੈ॥੨॥		So Oubarai Gur Sabadh Beechaarai ||2||	They alone are saved, who contemplate the Word of the Guru's Shabad. ||2||	(ਇਸ ਅੱਗ ਵਿਚੋਂ) ਉਹੀ ਮਨੁੱਖ ਬਚਦਾ ਹੈ ਜੇਹੜਾ ਗੁਰੂ ਦੇ ਸ਼ਬਦ ਨੂੰ ਵਿਚਾਰਦਾ ਹੈ ॥੨॥
9794	225	ਭ੍ਰਿੰਗ ਪਤੰਗੁ ਕੁੰਚਰੁ ਅਰੁ ਮੀਨਾ॥	ਫੁੱਲਾਂ ਦਾ (ਭ੍ਰਿੰਗ) ਭੌਰਾ। ਲਾਟ ਤੇ ਸੜਨ ਵਾਲਾ (ਪਤੰਗੁ) ਪਤੰਗਾ। ਕਾਮ ਵੱਸ (ਕੁੰਚਰੁ) ਹਾਥੀ। ਜੀਭ ਰਸ ਵੱਸ (ਮੀਨਾ) ਮੱਛੀ	Bhring Pathang Kunchar Ar Meenaa ||	The bumble bee, the moth, the elephant, the fish	ਭੌਰਾ, ਪਤੰਗ, ਹਾਥੀ ਅਤੇ ਮੱਛੀ;
9795	225	ਮਿਰਗੁ ਮਰੈ ਸਹਿ ਅਪੁਨਾ ਕੀਨਾ॥	(ਮਿਰਗੁ) ਹਿਰਨ। (ਸਹਿ) ਸਹਾਰ ਕੇ	Mirag Marai Sehi Apunaa Keenaa ||	And the deer - all suffer for their actions, and die.	ਹਰਨ-ਹਰੇਕ ਆਪੋ ਆਪਣਾ ਕੀਤਾ ਪਾ ਕੇ ਮਰ ਜਾਂਦਾ ਹੈ।

9796	225	ਤ੍ਰਿਸਨਾ ਰਾਚਿ ਤਤੁ ਨਹੀ ਬੀਨਾ॥੩॥	(ਤਤੁ) ਅਸਲੀਅਤ। (ਬੀਨਾ) ਪਛਾਣਿਆ	Thrisanaa Raach Thath Nehee Beenaa ||3||	Trapped by desire, they cannot see reality. ||3||	(ਇਸੇ ਤਰ੍ਹਾਂ ਦੁਰਮਤਿ ਦਾ ਮਾਰਿਆ ਮਨੁੱਖ) ਤ੍ਰਿਸ਼ਨਾ ਵਿਚ ਫਸ ਕੇ ਆਪਣੇ ਅਸਲੇ (ਪਰਮਾਤਮਾ) ਨੂੰ ਨਹੀਂ ਵੇਖਦਾ (ਤੇ ਆਤਮਕ ਮੌਤੇ ਮਰਦਾ ਹੈ) ॥੩॥
9797	225	ਕਾਮੁ ਚਿਤੈ ਕਾਮਣਿ ਹਿਤਕਾਰੀ॥	(ਕਾਮਣਿ) ਇਸਤ੍ਰੀ ਨਾਲ (ਹਿਤਕਾਰੀ) ਪ੍ਰੇਮ ਵਾਲਾ	Kaam Chithai Kaaman Hithakaaree ||	The lover of women is obsessed with sex.	(ਦੁਰਮਤਿ ਦੇ ਅਧੀਨ ਹੋ ਕੇ) ਇਸਤ੍ਰੀ ਦਾ ਪ੍ਰੇਮੀ ਮਨੁੱਖ ਸਦਾ ਕਾਮ-ਵਾਸਨਾ ਹੀ ਚਿਤਵਦਾ ਹੈ।
9798	225	ਕ੍ਰੋਧੁ ਬਿਨਾਸੈ ਸਗਲ ਵਿਕਾਰੀ॥	(ਬਿਨਾਸੇ) ਨਾਸ ਕਰਦਾ	Krodhh Binaasai Sagal Vikaaree ||	All the wicked are ruined by their anger.	(ਫਿਰ) ਕ੍ਰੋਧ ਸਾਰੇ ਵਿਕਾਰੀਆਂ (ਦੇ ਆਤਮਕ ਜੀਵਨ) ਨੂੰ ਤਬਾਹ ਕਰਦਾ ਹੈ।
9799	225	ਪਤਿ ਮਤਿ ਖੋਵਹਿ ਨਾਮੁ ਵਿਸਾਰੀ॥੪॥		Path Math Khovehi Naam Visaaree ||4||	Honor and good sense are lost, when one forgets the Naam, the Name of the Lord. ||4||	ਅਜੇਹੇ ਮਨੁੱਖ ਪ੍ਰਭੂ ਦਾ ਨਾਮ ਭੁਲਾ ਕੇ ਆਪਣੀ ਇੱਜ਼ਤ ਤੇ ਅਕਲ ਗਵਾ ਲੈਂਦੇ ਹਨ ॥੪॥
9800	226	ਪਰ ਘਰਿ ਚੀਤੁ ਮਨਮੁਖਿ ਡੋਲਾਇ॥		Par Ghar Cheeth Manamukh Ddolaae ||	The self-willed manmukh is lured by another man's wife.	ਆਪਣੇ ਮਨ ਦਾ ਮੁਰੀਦ ਮਨੁੱਖ ਪਰਾਏ ਘਰ ਵਿਚ ਆਪਣੇ ਚਿਤ ਨੂੰ ਡੁਲਾਂਦਾ ਹੈ।
9801	226	ਗਲਿ ਜੇਵਰੀ ਧੰਧੈ ਲਪਟਾਇ॥		Gal Jaevaree Dhhandhhai Lapattaae ||	The noose is around his neck, and he is entangled in petty conflicts.	(ਨਤੀਜਾ ਇਹ ਨਿਕਲਦਾ ਹੈ ਕਿ ਵਿਕਾਰਾਂ ਦੇ) ਜੰਜਾਲ ਵਿਚ ਉਹ ਫਸਦਾ ਹੈ ਤੇ ਉਸ ਦੇ ਗਲ ਵਿਚ ਵਿਕਾਰਾਂ ਦੀ ਫਾਹੀ (ਪੱਕੀ ਹੁੰਦੀ ਜਾਂਦੀ ਹੈ)।

9802	226	ਗੁਰਮੁਖਿ ਛੂਟਸਿ ਹਰਿ ਗੁਣ ਗਾਇ॥੫॥		Guramukh Shhoottas Har Gun Gaae ||5||	The Gurmukh is emancipated, singing the Glorious Praises of the Lord. ||5||	ਜੇਹੜਾ ਮਨੁੱਖ ਗੁਰੂ ਦੇ ਦੱਸੇ ਰਸਤੇ ਉਤੇ ਤੁਰਦਾ ਹੈ, ਉਹ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰ ਕੇ ਇਸ ਜੰਜਾਲ ਵਿਚੋਂ ਬਚ ਨਿਕਲਦਾ ਹੈ ॥੫॥
9803	226	ਜਿਉ ਤਨੁ ਬਿਧਵਾ ਪਰ ਕਉ ਦੇਈ॥		Jio Than Bidhhavaa Par Ko Dhaeee ||	The lonely widow gives her body to a stranger;	ਜਿਵੇਂ ਵਿਧਵਾ ਆਪਣਾ ਸਰੀਰ ਪਰਾਏ ਮਨੁੱਖ ਦੇ ਹਵਾਲੇ ਕਰਦੀ ਹੈ।
9804	226	ਕਾਮਿ ਦਾਮਿ ਚਿਤੁ ਪਰ ਵਸਿ ਸੇਈ॥	(ਦਾਮਿ) ਧਨ। ਚਿੱਤੁ ਵੱਸਿ	Kaam Dhaam Chith Par Vas Saeee ||	She allows her mind to be controlled by others for lust or money	ਕਾਮ-ਵਾਸਨਾ ਵਿਚ (ਫਸ ਕੇ) ਪੈਸੇ (ਦੇ ਲਾਲਚ) ਵਿਚ (ਫਸ ਕੇ) ਉਹ ਆਪਣਾ ਮਨ (ਭੀ) ਪਰਾਏ ਮਨੁੱਖ ਦੇ ਵੱਸ ਵਿਚ ਕਰਦੀ ਹੈ।
9805	226	ਬਿਨੁ ਪਿਰ ਤ੍ਰਿਪਤਿ ਨ ਕਬਹੂੰ ਹੋਈ॥੬॥		Bin Pir Thripath N Kabehoon Hoee ||6||	, but without her husband, she is never satisfied. ||6||	ਪਰ ਪਤੀ ਤੋਂ ਬਿਨਾ ਉਸ ਨੂੰ ਕਦੀ ਭੀ ਸ਼ਾਂਤੀ ਨਸੀਬ ਨਹੀਂ ਹੋ ਸਕਦੀ (ਤਿਵੇਂ ਖਸਮ-ਪ੍ਰਭੂ ਨੂੰ ਭੁਲਾਣ ਵਾਲੀ ਜੀਵ-ਇਸਤ੍ਰੀ ਆਪਣਾ ਆਪ ਵਿਕਾਰਾਂ ਦੇ ਅਧੀਨ ਕਰਦੀ ਹੈ, ਪਰ ਪਤੀ-ਪ੍ਰਭੂ ਤੋਂ ਬਿਨਾ ਆਤਮਕ ਸੁਖ ਕਦੇ ਨਹੀਂ ਮਿਲ ਸਕਦਾ) ॥੬॥
9806	226	ਪੜਿ ਪੜਿ ਪੋਥੀ ਸਿੰਮ੍ਰਿਤਿ ਪਾਠਾ॥	ਪੜ੍ਹਿ ਪੜ੍ਹਿ । ਸਿੰਮ-ਿ੍ਰਤਿ	Parr Parr Pothhee Sinmrith Paathaa ||	You may read, recite and study the scriptures,	(ਵਿਦਵਾਨ ਪੰਡਿਤ) ਧਰਮ ਪੁਸਤਕਾਂ ਦੇ ਪਾਠ;
9807	226	ਬੇਦ ਪੁਰਾਣ ਪੜੈ ਸੁਣਿ ਥਾਟਾ॥	(ਥਾੱਟਾ) ਰਚਨਾ। ਪੜੈ	Baedh Puraan Parrai Sun Thhaattaa ||	The Simritees, Vedas and Puraanas;	ਵੇਦ ਪੁਰਾਣ ਸਿੰਮ੍ਰਿਤੀਆਂ ਆਦਿਕ ਮੁੜ ਮੁੜ ਪੜ੍ਹਦਾ ਹੈ, ਉਹਨਾਂ ਦੀ (ਕਾਵਿ-) ਰਚਨਾ ਮੁੜ ਮੁੜ ਸੁਣਦਾ ਹੈ,

9808	226	ਬਿਨੁ ਰਸ ਰਾਤੇ ਮਨੁ ਬਹੁ ਨਾਟਾ॥੭॥	(ਨਾੱਟਾ) ਨਾਟਕ	Bin Ras Raathae Man Bahu Naattaa ||7||	But without being imbued with the Lord's essence, the mind wanders endlessly. ||7||	ਪਰ ਜਿਤਨਾ ਚਿਰ ਉਸ ਦਾ ਮਨ ਪਰਮਾਤਮਾ ਦੇ ਨਾਮ-ਰਸ ਦਾ ਰਸੀਆ ਨਹੀਂ ਬਣਦਾ, ਉਤਨਾ ਚਿਰ (ਮਾਇਆ ਦੇ ਹੱਥਾਂ ਤੇ ਹੀ) ਨਾਚ ਕਰਦਾ ਹੈ ॥੭॥
9809	226	ਜਿਉ ਚਾਤ੍ਰਿਕ ਜਲ ਪ੍ਰੇਮ ਪਿਆਸਾ॥		Jio Chaathrik Jal Praem Piaasaa ||	As the rainbird thirsts longingly for the drop of rain,	ਜਿਵੇਂ ਪਪੀਹੇ ਦਾ (ਵਰਖਾ-) ਜਲ ਨਾਲ ਪ੍ਰੇਮ ਹੈ, (ਵਰਖਾ-) ਜਲ ਦੀ ਉਸ ਨੂੰ ਪਿਆਸ ਹੈ,
9810	226	ਜਿਉ ਮੀਨਾ ਜਲ ਮਾਹਿ ਉਲਾਸਾ॥	(ਉਲਾਸਾ) ਖ਼ੁਸ਼	Jio Meenaa Jal Maahi Oulaasaa ||	And as the fish delights in the water,	ਜਿਵੇਂ ਮੱਛੀ ਪਾਣੀ ਵਿਚ ਬੜੀ ਪ੍ਰਸੰਨ ਰਹਿੰਦੀ ਹੈ,
9811	226	ਨਾਨਕ ਹਰਿ ਰਸੁ ਪੀ ਤ੍ਰਿਪਤਾਸਾ॥੮॥੧੧॥		Naanak Har Ras Pee Thripathaasaa ||8||11||	Nanak is satisfied by the sublime essence of the Lord. ||8||11||	ਤਿਵੇਂ, ਹੇ ਨਾਨਕ! ਪਰਮਾਤਮਾ ਦਾ ਭਗਤ ਪਰਮਾਤਮਾ ਦਾ ਨਾਮ-ਰਸ ਪੀ ਕੇ ਤ੍ਰਿਪਤ ਹੋ ਜਾਂਦਾ ਹੈ ॥੮॥੧੧॥
9812	226	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
9813	226	ਹਠੁ ਕਰਿ ਮਰੈ ਨ ਲੇਖੈ ਪਾਵੈ॥		Hath Kar Marai N Laekhai Paavai ||	One who dies in stubbornness shall not be approved,	(ਜੇ ਕੋਈ ਮਨੁੱਖ ਮਨ ਦਾ ਹਠ ਕਰ ਕੇ ਧੂਣੀਆਂ ਆਦਿਕ ਤਪਾ ਕੇ) ਸਰੀਰਕ ਔਖ ਸਹਾਰਦਾ ਹੈ, ਤਾਂ ਉਸ ਦਾ ਇਹ ਕਸ਼ਟ ਸਹਾਰਨਾ ਕਿਸੇ ਗਿਣਤੀ ਵਿਚ ਨਹੀਂ ਗਿਣਿਆ ਜਾਂਦਾ।

9814	226	ਵੇਸ ਕਰੈ ਬਹੁ ਭਸਮ ਲਗਾਵੈ॥		Vaes Karai Bahu Bhasam Lagaavai ||	Even though he may wear religious robes and smear his body all over with ashes.	ਜੇ ਕੋਈ ਮਨੁੱਖ (ਪਿੰਡੇ ਉਤੇ) ਸੁਆਹ ਮਲਦਾ ਹੈ ਤੇ (ਜੋਗ ਆਦਿਕ ਦੇ) ਕਈ ਭੇਖ ਕਰਦਾ ਹੈ (ਇਹ ਭੀ ਵਿਅਰਥ ਜਾਂਦੇ ਸਨ)।
9815	226	ਨਾਮੁ ਬਿਸਾਰਿ ਬਹੁਰਿ ਪਛੁਤਾਵੈ॥੧॥		Naam Bisaar Bahur Pashhuthaavai ||1||	Forgetting the Naam, the Name of the Lord, he comes to regret and repent in the end. ||1||	ਪਰਮਾਤਮਾ ਦਾ ਨਾਮ ਭੁਲਾ ਕੇ ਉਹ ਅੰਤ ਨੂੰ ਪਛੁਤਾਂਦਾ ਹੈ (ਕਿ ਇਹਨਾਂ ਉੱਦਮਾਂ ਵਿਚ ਵਿਅਰਥ ਜੀਵਨ ਗਵਾਇਆ) ॥੧॥
9816	226	ਤੂੰ ਮਨਿ ਹਰਿ ਜੀਉ ਤੂੰ ਮਨਿ ਸੂਖ॥		Thoon Man Har Jeeo Thoon Man Sookh ||	Believe in the Dear Lord, and you shall find peace of mind.	(ਹੇ ਭਾਈ!) ਤੂੰ (ਆਪਣੇ) ਮਨ ਵਿਚ ਪ੍ਰਭੂ ਜੀ ਨੂੰ (ਵਸਾ ਲੈ, ਤੇ ਇਸ ਤਰ੍ਹਾਂ) ਤੂੰ (ਆਪਣੇ) ਮਨ ਵਿਚ (ਆਤਮਕ) ਆਨੰਦ (ਮਾਣ)।
9817	226	ਨਾਮੁ ਬਿਸਾਰਿ ਸਹਹਿ ਜਮ ਦੂਖ॥੧॥ਰਹਾਉ॥		Naam Bisaar Sehehi Jam Dhookh ||1|| Rehaao ||	Forgetting the Naam, you shall have to endure the pain of death. ||1||Pause||	(ਚੇਤੇ ਰੱਖ) ਪਰਮਾਤਮਾ ਦੇ ਨਾਮ ਨੂੰ ਭੁਲਾ ਕੇ ਤੂੰ ਜਮਾਂ ਦੇ ਦੁੱਖ ਸਹਾਰੇਂਗਾ ॥੧॥ ਰਹਾਉ ॥
9818	226	ਚੋਆ ਚੰਦਨ ਅਗਰ ਕਪੂਰਿ॥	(ਚੋਆ) ਅਤਰ	Choaa Chandhan Agar Kapoor ||	The smell of musk, sandalwood and camphor,	(ਦੂਜੇ ਪਾਸੇ ਜੇ ਕੋਈ ਮਨੁੱਖ) ਅਤਰ ਚੰਦਨ ਅਗਰ ਕਪੂਰ (ਆਦਿਕ ਸੁਗੰਧੀਆਂ ਦੇ ਵਰਤਣ) ਵਿਚ ਮਸਤ ਹੈ,
9819	226	ਮਾਇਆ ਮਗਨੁ ਪਰਮਪਦੁ ਦੂਰਿ॥		Maaeiaa Magan Param Padh Dhoor ||	And the intoxication of Maya, takes one far away from the state of supreme dignity.	ਮਾਇਆ ਦੇ ਮੋਹ ਵਿਚ ਮਸਤ ਹੈ, ਤਾਂ ਉੱਚੀ ਆਤਮਕ ਅਵਸਥਾ (ਉਸ ਤੋਂ ਭੀ) ਦੂਰ ਹੈ।

9820	226	ਨਾਮਿ ਬਿਸਾਰਿਐ ਸਭੁ ਕੂੜੋ ਕੂਰਿ॥੨॥		Naam Bisaariai Sabh Koorro Koor ||2||	Forgetting the Naam, one becomes the most false of all the false. ||2||	ਜੇ ਪ੍ਰਭੂ ਦਾ ਨਾਮ ਭੁਲਾ ਦਿੱਤਾ ਜਾਏ, ਤਾਂ ਇਹ ਸਾਰਾ (ਦੁਨੀਆ ਵਾਲਾ ਐਸ਼ ਭੀ) ਵਿਅਰਥ ਹੈ (ਸੁਖ ਨਹੀਂ ਮਿਲਦਾ, ਮਨੁੱਖ ਸੁਖ ਦੇ) ਵਿਅਰਥ ਜਤਨਾਂ ਵਿਚ ਹੀ ਰਹਿੰਦਾ ਹੈ ॥੨॥
9821	226	ਨੇਜੇ ਵਾਜੇ ਤਖਤਿ ਸਲਾਮੁ॥	(ਨੇਜੇ) ਝੰਡੇ	Naejae Vaajae Thakhath Salaam ||	Lances and swords, marching bands, thrones and the salutes of others	(ਜੇ ਕੋਈ ਮਨੁੱਖ ਰਾਜਾ ਭੀ ਬਣ ਜਾਏ) ਤਖ਼ਤ ਉਤੇ (ਬੈਠੇ ਹੋਏ ਨੂੰ) ਨੇਜ਼ਾ-ਬਰਦਾਰ ਤੇ ਫ਼ੌਜੀ ਵਾਜੇ ਵਾਲੇ ਸਲਾਮ ਕਰਨ,
9822	226	ਅਧਕੀ ਤ੍ਰਿਸਨਾ ਵਿਆਪੈ ਕਾਮੁ॥		Adhhakee Thrisanaa Viaapai Kaam ||	Only increase his desire; he is engrossed in sexual desire.	ਤਾਂ ਭੀ ਮਾਇਆ ਦੀ ਤ੍ਰਿਸਨਾ ਹੀ ਵਧਦੀ ਹੈ, ਕਾਮ-ਵਾਸਨਾ ਜ਼ੋਰ ਪਾਂਦੀ ਹੈ (ਇਹਨਾਂ ਵਿਚ ਆਤਮਕ ਸੁਖ ਨਹੀਂ ਹੈ! ਸੁਖ ਹੈ ਕੇਵਲ ਪ੍ਰਭੂ ਦੇ ਨਾਮ ਵਿਚ ਭਗਤੀ ਵਿਚ)।
9823	226	ਬਿਨੁ ਹਰਿ ਜਾਚੇ ਭਗਤਿ ਨ ਨਾਮੁ॥੩॥	(ਜਾਚੇ) ਮੰਗੇ	Bin Har Jaachae Bhagath N Naam ||3||	Without seeking the Lord, neither devotional worship nor the Naam are obtained. ||3||	ਪਰ ਪ੍ਰਭੂ ਦੇ ਦਰ ਤੋਂ ਮੰਗਣ ਤੋਂ ਬਿਨਾ ਨਾਹ ਭਗਤੀ ਮਿਲਦੀ ਹੈ ਨਾਹ ਨਾਮ ਮਿਲਦਾ ਹੈ ॥੩॥

9824	226	ਵਾਦਿ ਅਹੰਕਾਰਿ ਨਾਹੀ ਪ੍ਰਭ ਮੇਲਾ॥	(ਵਾਦਿ) ਝਗੜੇ। ਅਹੰ-ਕਾਰਿ	Vaadh Ahankaar Naahee Prabh Maelaa ||	Union with God is not obtained by arguments and egotism.	(ਵਿੱਦਿਆ ਦੇ ਬਲ ਨਾਲ ਧਾਰਮਿਕ ਪੁਸਤਕਾਂ ਦੀ ਚਰਚਾ ਦੇ) ਝਗੜੇ ਵਿਚ (ਪਿਆਂ) (ਤੇ ਵਿੱਦਿਆ ਦੇ) ਅਹੰਕਾਰ ਵਿਚ (ਭੀ) ਪਰਮਾਤਮਾ ਦਾ ਮਿਲਾਪ ਨਹੀਂ ਹੁੰਦਾ।
9825	226	ਮਨੁ ਦੇ ਪਾਵਹਿ ਨਾਮੁ ਸੁਹੇਲਾ॥	(ਸੁਹੇਲਾ) ਸੁਖਦਾਈ	Man Dhae Paavehi Naam Suhaelaa ||	But by offering your mind, the comfort of the Naam is obtained.	(ਹੇ ਭਾਈ!) ਆਪਣਾ ਮਨ ਦੇ ਕੇ (ਹੀ, ਅਹੰਕਾਰ ਗਵਾ ਕੇ ਹੀ) ਸੁਖਾਂ ਦਾ ਸੋਮਾ ਪ੍ਰਭੂ-ਨਾਮ ਪ੍ਰਾਪਤ ਕਰੇਂਗਾ।
9826	226	ਦੂਜੈ ਭਾਇ ਅਗਿਆਨੁ ਦੁਹੇਲਾ॥੪॥	(ਦੁਹੇਲਾ) ਦੁਖੀ	Dhoojai Bhaae Agiaan Dhuhaelaa ||4||	In the love of duality and ignorance, you shall suffer. ||4||	(ਪ੍ਰਭੂ ਨੂੰ ਵਿਸਾਰ ਕੇ) ਹੋਰ ਹੋਰ ਪਿਆਰ ਵਿਚ ਰਿਹਾਂ ਤਾਂ ਦੁਖਦਾਈ ਅਗਿਆਨ ਹੀ (ਵਧੇਗਾ) ॥੪॥
9827	226	ਬਿਨੁ ਦਮ ਕੇ ਸਉਦਾ ਨਹੀ ਹਾਟ॥	(ਦਮ) ਧਨ	Bin Dham Kae Soudhaa Nehee Haatt ||	Without money, you cannot buy anything in the store.	ਜਿਵੇਂ ਰਾਸ-ਪੂੰਜੀ ਤੋਂ ਬਿਨਾ ਹੱਟੀ ਦਾ ਸੌਦਾ-ਸੂਤ ਨਹੀਂ ਆ ਸਕਦਾ,
9828	226	ਬਿਨੁ ਬੋਹਿਥ ਸਾਗਰ ਨਹੀ ਵਾਟ॥	(ਵਾਟ) ਰਾਹ	Bin Bohithh Saagar Nehee Vaatt ||	Without a boat, you cannot cross over the ocean.	ਜਿਵੇਂ ਜਹਾਜ਼ ਤੋਂ ਬਿਨਾ ਸਮੁੰਦਰ ਦਾ ਸਫ਼ਰ ਨਹੀਂ ਹੋ ਸਕਦਾ,
9829	226	ਬਿਨੁ ਗੁਰ ਸੇਵੇ ਘਾਟੇ ਘਾਟਿ॥੫॥		Bin Gur Saevae Ghaattae Ghaatt ||5||	Without serving the Guru, everything is lost. ||5||	ਤਿਵੇਂ ਗੁਰੂ ਦੀ ਸਰਨ ਪੈਣ ਤੋਂ ਬਿਨਾ (ਜੀਵਨ-ਸਫ਼ਰ ਵਿਚ ਆਤਮਕ ਰਾਸ-ਪੂੰਜੀ ਵਲੋਂ) ਘਾਟੇ ਹੀ ਘਾਟੇ ਵਿਚ ਰਹੀਦਾ ਹੈ ॥੫॥

9830	226	ਤਿਸ ਕਉ ਵਾਹੁ ਵਾਹੁ ਜਿ ਵਾਟ ਦਿਖਾਵੈ॥		This Ko Vaahu Vaahu J Vaatt Dhikhaavai ||	Waaho! Waaho! - Hail, hail, to the one who shows us the Way.	(ਹੇ ਭਾਈ!) ਉਸ ਪੂਰੇ ਗੁਰੂ ਨੂੰ ਧੰਨ ਧੰਨ ਆਖ, ਜਿਹੜਾ ਸਹੀ ਜੀਵਨ-ਰਸਤਾ ਵਿਖਾਂਦਾ ਹੈ,
9831	226	ਤਿਸ ਕਉ ਵਾਹੁ ਵਾਹੁ ਜਿ ਸਬਦੁ ਸੁਣਾਵੈ॥		This Ko Vaahu Vaahu J Sabadh Sunaavai ||	Waaho! Waaho! - Hail, hail, to the one who teaches the Word of the Shabad.	ਉਸ ਪੂਰੇ ਗੁਰੂ ਨੂੰ ਧੰਨ ਧੰਨ ਆਖ, ਜੇਹੜਾ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਸ਼ਬਦ ਸੁਣਾਂਦਾ ਹੈ,
9832	226	ਤਿਸ ਕਉ ਵਾਹੁ ਵਾਹੁ ਜਿ ਮੇਲਿ ਮਿਲਾਵੈ॥੬॥		This Ko Vaahu Vaahu J Mael Milaavai ||6||	Waaho! Waaho! - Hail, hail, to the one who unites me in the Lord's Union. ||6||	ਤੇ (ਇਸੇ ਤਰ੍ਹਾਂ) ਉਸ ਪੂਰੇ ਗੁਰੂ ਨੂੰ ਧੰਨ ਧੰਨ ਆਖ, ਜੇਹੜਾ ਪਰਮਾਤਮਾ ਦੇ ਮਿਲਾਪ ਵਿਚ ਮਿਲਾ ਦੇਂਦਾ ਹੈ ॥੬॥
9833	226	ਵਾਹੁ ਵਾਹੁ ਤਿਸ ਕਉ ਜਿਸ ਕਾ ਇਹੁ ਜੀਉ॥		Vaahu Vaahu This Ko Jis Kaa Eihu Jeeo ||	Waaho! Waaho! - Hail, hail, to the one who is the Keeper of this soul.	ਹੇ ਭਾਈ! ਉਸ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰ ਜਿਸ ਦੀ (ਦਿੱਤੀ ਹੋਈ) ਇਹ ਜਿੰਦ ਹੈ।
9834	226	ਗੁਰ ਸਬਦੀ ਮਥਿ ਅੰਮ੍ਰਿਤੁ ਪੀਉ॥	ਮਥਿ:ਪੋਲਾ ਬੋਲੋ। (ਮਥਿ) ਰਿੜਕ ਕੇ ਭਾਵ ਵਿਚਾਰ ਕੇ	Gur Sabadhee Mathh Anmrith Peeo ||	Through the Word of the Guru's Shabad, contemplate this Ambrosial Nectar.	ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਦੇ ਗੁਣਾਂ ਨੂੰ) ਮੁੜ ਮੁੜ ਵਿਚਾਰ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀ।
9835	226	ਨਾਮ ਵਡਾਈ ਤੁਧੁ ਭਾਣੈ ਦੀਉ॥੭॥		Naam Vaddaaee Thudhh Bhaanai Dheeo ||7||	The Glorious Greatness of the Naam is bestowed according to the Pleasure of Your Will. ||7||	ਉਹ ਪ੍ਰਭੂ ਤੈਨੂੰ ਆਪਣੀ ਰਜ਼ਾ ਵਿਚ ਨਾਮ ਜਪਣ ਦੀ ਵਡਿਆਈ ਦੇਵੇਗਾ ॥੭॥

9836	226	ਨਾਮ ਬਿਨਾ ਕਿਉ ਜੀਵਾ ਮਾਇ॥		Naam Binaa Kio Jeevaa Maae ||	Without the Naam, how can I live, O mother?	ਹੇ ਮੇਰੀ ਮਾਂ! ਪਰਮਾਤਮਾ ਦੇ ਨਾਮ ਤੋਂ ਬਿਨਾ ਮੈਂ (ਆਤਮਕ ਜੀਵਨ) ਜਿਉ ਨਹੀਂ ਸਕਦਾ।
9837	226	ਅਨ ਦਿਨੁ ਜਪਤੁ ਰਹਉ ਤੇਰੀ ਸਰਣਾਇ॥		Anadhin Japath Reho Thaeree Saranaae ||	Night and day, I chant it; I remain in the Protection of Your Sanctuary.	ਹੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ, (ਮਿਹਰ ਕਰ) ਮੈਂ ਦਿਨ ਰਾਤ ਤੇਰਾ ਹੀ ਨਾਮ ਜਪਦਾ ਰਹਾਂ।
9838	226	ਨਾਨਕ ਨਾਮਿ ਰਤੇ ਪਤਿ ਪਾਇ॥੮॥੧੨॥	ਰੱਤੇ। ਪਤਿ: ਪੋਲਾ ਬੋਲੋ	Naanak Naam Rathae Path Paae ||8||12||	O Nanak, attuned to the Naam, honor is attained. ||8||12||	ਹੇ ਨਾਨਕ! ਜੇ ਪ੍ਰਭੂ ਦੇ ਨਾਮ-ਰੰਗ ਵਿਚ ਰੰਗੇ ਰਹੀਏ, ਤਾਂ ਹੀ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ ॥੮॥੧੨॥
9839	226	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
9840	226	ਹਉਮੈ ਕਰਤ ਭੇਖੀ ਨਹੀ ਜਾਨਿਆ॥	ਭੇਖੀਂ	Houmai Karath Bhaekhee Nehee Jaaniaa ||	Acting in egotism, the Lord is not known, even by wearing religious robes.	("ਮੈਂ ਧਰਮੀ ਹਾਂ ਮੈਂ ਧਰਮੀ ਹਾਂ" ਇਹ) "ਮੈਂ ਮੈਂ" ਕਰਦਿਆਂ (ਨਿਰੇ) ਧਾਰਮਿਕ ਭੇਖਾਂ ਦੀ ਰਾਹੀਂ ਕਦੇ ਕਿਸੇ ਨੇ ਪਰਮਾਤਮਾ ਨਾਲ ਡੂੰਘੀ ਸਾਂਝ ਨਹੀਂ ਪਾਈ।
9841	226	ਗੁਰਮੁਖਿ ਭਗਤਿ ਵਿਰਲੇ ਮਨੁ ਮਾਨਿਆ॥੧॥		Guramukh Bhagath Viralae Man Maaniaa ||1||	How rare is that Gurmukh, who surrenders his mind in devotional worship. ||1||	ਗੁਰੂ ਦੀ ਸਰਨ ਪੈ ਕੇ ਹੀ (ਭਾਵ, ਗੁਰੂ ਅੱਗੇ ਆਪਾ-ਭਾਵ ਤਿਆਗਿਆਂ ਹੀ) ਪਰਮਾਤਮਾ ਦੀ ਭਗਤੀ ਵਿਚ ਮਨ ਗਿੱਝਦਾ ਹੈ, ਪਰ ਅਜੇਹਾ ਆਪਾ-ਭਾਵ ਤਿਆਗਣ ਵਾਲਾ ਕੋਈ ਵਿਰਲਾ ਹੀ ਹੁੰਦਾ ਹੈ ॥੧॥

9842	226	ਹਉ ਹਉ ਕਰਤ ਨਹੀ ਸਚੁ ਪਾਈਐ॥		Ho Ho Karath Nehee Sach Paaeeai ||	By actions done in egotism, selfishness and conceit, the True Lord is not obtained.	(ਮੈਂ ਵੱਡਾ ਧਰਮੀ ਹਾਂ, ਮੈਂ ਵੱਡਾ ਰਾਜਾ ਹਾਂ, ਇਹੋ ਜਿਹੀ) ਮੈਂ, ਮੈਂ ਕਰਦਿਆਂ (ਕਦੇ) ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਮਿਲ ਨਹੀਂ ਸਕਦਾ।
9843	226	ਹਉਮੈ ਜਾਇ ਪਰਮਪਦੁ ਪਾਈਐ॥੧॥ਰਹਾਉ ॥		Houmai Jaae Param Padh Paaeeai ||1|| Rehaao ||	But when egotism departs, then the state of supreme dignity is obtained. ||1||Pause||	ਜਦੋਂ ਇਹ ਹਉਮੇ ਦੂਰ ਹੋਵੇ, ਤਦੋਂ ਹੀ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਸਕੀਦਾ ਹੈ ॥੧॥ ਰਹਾਉ ॥
9844	226	ਹਉਮੈ ਕਰਿ ਰਾਜੇ ਬਹੁ ਧਾਵਹਿ॥	(ਧਾਵਹਿ) ਦੌੜਦੇ	Houmai Kar Raajae Bahu Dhhaavehi ||	The kings act in egotism, and undertake all sorts of expeditions.	("ਅਸੀਂ ਵੱਡੇ ਰਾਜੇ ਹਾਂ," ਇਸੇ) ਹਉਮੈ ਦੇ ਕਾਰਨ ਹੀ ਰਾਜੇ ਇਕ ਦੂਜੇ ਦੇ ਦੇਸਾਂ ਉਤੇ, ਕਈ ਵਾਰੀ ਹੱਲੇ ਕਰਦੇ ਰਹਿੰਦੇ ਹਨ,
9845	226	ਹਉਮੈ ਖਪਹਿ ਜਨਮਿ ਮਰਿ ਆਵਹਿ॥੨॥		Houmai Khapehi Janam Mar Aavehi ||2||	But through their egotism, they are ruined; they die, only to be reborn over and over again. ||2||	ਆਪਣੇ ਵਡੱਪਣ ਦੇ ਮਾਣ ਵਿਚ ਦੁਖੀ ਹੁੰਦੇ ਹਨ (ਸਿੱਟਾ ਇਹ ਨਿਕਲਦਾ ਹੈ ਕਿ ਪ੍ਰਭੂ ਦੀ ਯਾਦ ਭੁਲਾ ਕੇ) ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ ॥੨॥
9846	226	ਹਉਮੈ ਨਿਵਰੈ ਗੁਰ ਸਬਦੁ ਵੀਚਾਰੈ॥	(ਨਿਵਰੈ) ਦੂਰ ਹੋਏ	Houmai Nivarai Gur Sabadh Veechaarai ||	Egotism is overcome only by contemplating the Word of the Guru's Shabad.	ਜੇਹੜਾ (ਵਡ-ਭਾਗੀ) ਮਨੁੱਖ ਗੁਰੂ ਦਾ ਸ਼ਬਦ ਵਿਚਾਰਦਾ ਹੈ (ਆਪਣੇ ਸੋਚ-ਮੰਡਲ ਵਿਚ ਟਿਕਾਂਦਾ ਹੈ) ਉਸ ਦੀ ਹਉਮੈ ਦੂਰ ਹੋ ਜਾਂਦੀ ਹੈ,

9847	226	ਚੰਚਲ ਮਤਿ ਤਿਆਗੈ ਪੰਚ ਸੰਘਾਰੈ॥੩॥	(ਸੰਘਾਰੈ) ਨਾਸ ਕਰੇ	Chanchal Math Thiaagai Panch Sanghaarai ||3||	One who restrains his fickle mind subdues the five passions. ||3||	ਉਹ (ਭਟਕਣਾ ਵਿਚ ਪਾਣ ਵਾਲੀ ਆਪਣੀ) ਹੋਛੀ ਮਤਿ ਤਿਆਗਦਾ ਹੈ, ਤੇ ਕਾਮਾਦਿਕ ਪੰਜਾਂ ਵੈਰੀਆਂ ਦਾ ਨਾਸ ਕਰਦਾ ਹੈ ॥੩॥
9848	226	ਅੰਤਰਿ ਸਾਚੁ ਸਹਜ ਘਰਿ ਆਵਹਿ॥		Anthar Saach Sehaj Ghar Aavehi ||	With the True Lord deep within the self, the Celestial Mansion is intuitively found.	ਜਿਨ੍ਹਾਂ ਬੰਦਿਆਂ ਦੇ ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ (ਵੱਸਦਾ) ਹੈ, ਉਹ ਅਡੋਲ ਆਤਮਕ ਅਵਸਥਾ ਵਿਚ ਟਿਕੇ ਰਹਿੰਦੇ ਹਨ।
9849	226	ਰਾਜਨੁ ਜਾਣਿ ਪਰਮਗਤਿ ਪਾਵਹਿ॥੪॥	(ਰਾਜਨੁ) ਰਾਜਾ ਵਾਹਿਗੁਰੂ ਜੀ	Raajan Jaan Param Gath Paavehi ||4||	Understanding the Sovereign Lord, the state of supreme dignity is obtained. ||4||	ਸਾਰੀ ਸ੍ਰਿਸ਼ਟੀ ਦੇ ਮਾਲਕ ਪ੍ਰਭੂ ਨਾਲ ਡੂੰਘੀ ਸਾਂਝ ਪਾ ਕੇ ਉਹ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰਦੇ ਹਨ ॥੪॥
9850	226	ਸਚੁ ਕਰਣੀ ਗੁਰੁ ਭਰਮੁ ਚੁਕਾਵੈ॥		Sach Karanee Gur Bharam Chukaavai ||	The Guru dispels the doubts of those whose actions are true.	ਜਿਸ ਮਨੁੱਖ ਦੇ ਮਨ ਦੀ ਭਟਕਣਾ ਗੁਰੂ ਦੂਰ ਕਰਦਾ ਹੈ, ਸਦਾ-ਥਿਰ ਪ੍ਰਭੂ ਦਾ ਸਿਮਰਨ ਉਸ ਦਾ ਨਿੱਤ-ਕਰਮ ਬਣ ਜਾਂਦਾ ਹੈ,
9851	226	ਨਿਰਭਉ ਕੈ ਘਰਿ ਤਾੜੀ ਲਾਵੈ॥੫॥	(ਤਾੜੀ) ਸਮਾਧੀ	Nirabho Kai Ghar Thaarree Laavai ||5||	They focus their attention on the Home of the Fearless Lord. ||5||	ਉਹ ਨਿਰਭਉ ਪ੍ਰਭੂ ਦੇ ਚਰਨਾਂ ਵਿਚ ਸਦਾ ਆਪਣੀ ਸੁਰਤ ਜੋੜੀ ਰੱਖਦਾ ਹੈ ॥੫॥
9852	226	ਹਉ ਹਉ ਕਰਿ ਮਰਣਾ ਕਿਆ ਪਾਵੈ॥		Ho Ho Kar Maranaa Kiaa Paavai ||	Those who act in egotism, selfishness and conceit die; what do they gain?	ਹਉਂ, ਹਉਂ; ਮੈਂ, ਮੈਂ ਦੇ ਕਾਰਨ ਆਤਮਕ ਮੌਤ ਹੀ ਸਹੇੜੀਦੀ ਹੈ, ਇਸ ਤੋਂ ਛੁਟ ਹੋਰ ਕੋਈ ਆਤਮਕ ਗੁਣ ਨਹੀਂ ਲੱਭਦਾ।

9853	226	ਪੂਰਾ ਗੁਰੁ ਭੇਟੈ ਸੋ ਝਗਰੁ ਚੁਕਾਵੈ॥੬॥	(ਭੇਟੈ) ਮਿਲੇ	Pooraa Gur Bhaettae So Jhagar Chukaavai ||6||	Those who meet the Perfect Guru are rid of all conflicts. ||6||	ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, ਉਹ ਹਉਮੈ ਦੇ ਇਸ ਟੰਟੇ ਨੂੰ ਆਪਣੇ ਅੰਦਰੋਂ ਮੁਕਾ ਲੈਂਦਾ ਹੈ ॥੬॥
9854	226	ਜੇਤੀ ਹੈ ਤੇਤੀ ਕਿਹੁ ਨਾਹੀ॥		Jaethee Hai Thaethee Kihu Naahee ||	Whatever exists, is in reality nothing.	ਹਉਮੈ ਦੇ ਆਸਰੇ ਜਿਤਨੀ ਭੀ ਦੌੜ-ਭੱਜ ਹੈ ਇਹ ਸਾਰੀ ਦੌੜ-ਭੱਜ ਕੋਈ ਆਤਮਿਕ ਲਾਭ ਨਹੀਂ ਪੁਚਾਂਦੀ।
9855	226	ਗੁਰਮੁਖਿ ਗਿਆਨ ਭੇਟਿ ਗੁਣ ਗਾਹੀ॥੭॥		Guramukh Giaan Bhaett Gun Gaahee ||7||	Obtaining spiritual wisdom from the Guru, I sing the Glories of God. ||7||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ (ਗੁਰੂ ਤੋਂ) ਗਿਆਨ ਪ੍ਰਾਪਤ ਕਰ ਕੇ ਪਰਮਾਤਮਾ ਦੇ ਗੁਣ ਗਾਂਦੇ ਹਨ ॥੭॥
9856	227	ਹਉਮੈ ਬੰਧਨ ਬੰਧਿ ਭਵਾਵੈ॥	(ਭਵਾਵੈ) ਭਟਕਦੇ ਫਿਰਦੇ	Houmai Bandhhan Bandhh Bhavaavai ||	Egotism binds people in bondage, and causes them to wander around lost.	ਹਉਮੈ (ਜੀਵਾਂ ਨੂੰ ਮੋਹ ਦੇ) ਬੰਧਨਾਂ ਵਿਚ ਬੰਨ੍ਹ ਕੇ ਜਨਮ ਮਰਨ ਦੇ ਗੇੜ ਵਿਚ ਪਾਂਦੀ ਹੈ।
9857	227	ਨਾਨਕ ਰਾਮ ਭਗਤਿ ਸੁਖੁ ਪਾਵੈ॥੮॥੧੩॥		Naanak Raam Bhagath Sukh Paavai ||8||13||	O Nanak, peace is obtained through devotional worship of the Lord. ||8||13||	ਜੇਹੜਾ ਮਨੁੱਖ ਪਰਮਾਤਮਾ ਦੀ ਭਗਤੀ ਕਰਦਾ ਹੈ (ਉਹ ਹਉਮੈ ਤੋਂ ਬਚਿਆ ਰਹਿੰਦਾ ਹੈ, ਤੇ) ਸੁਖ ਪਾਂਦਾ ਹੈ ॥੮॥੧੩॥
9858	227	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
9859	227	ਪ੍ਰਥਮੇ ਬ੍ਰਹਮਾ ਕਾਲੈ ਘਰਿ ਆਇਆ॥	(ਕਾਲੈ)ਕਾਲ਼	Prathhamae Brehamaa Kaalai Ghar Aaeiaa ||	First, Brahma entered the house of Death.	(ਹੋਰ ਜੀਵਾਂ ਦੀ ਤਾਂ ਗੱਲ ਹੀ ਕੀਹ ਕਰਨੀ ਹੈ) ਸਭ ਤੋਂ ਪਹਿਲਾਂ ਬ੍ਰਹਮਾ ਹੀ ਆਤਮਕ ਮੌਤ ਦੀ ਫਾਹੀ ਵਿਚ ਫਸ ਗਿਆ।

9860	227	ਬ੍ਰਹਮ ਕਮਲੁ ਪਇਆਲਿ ਨ ਪਾਇਆ॥	(ਪਇਆਲਿ) ਪਤਾਲ	Breham Kamal Paeiaal N Paaeiaa ||	Brahma entered the lotus, and searched the nether regions, but he did not find the end of it.	(ਵਿਸ਼ਨੂੰ ਦੀ ਨਾਭੀ ਤੋਂ ਉੱਗੇ ਹੋਏ ਜਿਸ ਕਮਲ ਵਿਚੋਂ ਬ੍ਰਹਮਾ ਜੰਮਿਆ ਸੀ, ਉਸ ਦਾ ਅੰਤ ਲੈਣ ਲਈ) ਪਾਤਾਲ ਵਿਚ (ਜਾ ਪਹੁੰਚਿਆ) ਪਰ ਬ੍ਰਹਮ ਕਮਲ (ਦਾ ਅੰਤ) ਨਾਹ ਲੱਭ ਸਕਿਆ (ਤੇ ਸ਼ਰਮਿੰਦਾ ਹੋਣਾ ਪਿਆ। ਇਹ ਹਉਮੈ ਹੀ ਮੌਤ ਹੈ)
9861	227	ਆਗਿਆ ਨਹੀ ਲੀਨੀ ਭਰਮਿ ਭੁਲਾਇਆ॥੧॥		Aagiaa Nehee Leenee Bharam Bhulaaeiaa ||1||	He did not accept the Lord's Order - he was deluded by doubt. ||1||	ਉਸ ਨੇ ਆਪਣੇ ਗੁਰੂ ਦੀ ਆਗਿਆ ਵਲ ਗਹੁ ਨਾਹ ਕੀਤਾ, (ਇਸ ਹਉਮੈ ਵਿਚ ਆ ਕੇ ਕਿ ਮੈਂ ਇਤਨਾ ਵੱਡਾ ਹਾਂ ਮੈਂ ਕਿਵੇਂ ਕਮਲ ਦੀ ਡੰਡੀ ਵਿਚੋਂ ਪੈਦਾ ਹੋ ਸਕਦਾ ਹਾਂ) ਭਟਕਣਾ ਵਿਚ ਪੈ ਕੇ ਕੁਰਾਹੇ ਪੈ ਗਿਆ ॥੧॥
9862	227	ਜੋ ਉਪਜੈ ਸੋ ਕਾਲਿ ਸੰਘਾਰਿਆ॥	(ਸੰਘਾਰਿਆ) ਮਾਰਿਆ	Jo Oupajai So Kaal Sanghaariaa ||	Whoever is created, shall be destroyed by Death.	(ਜਗਤ ਵਿਚ) ਜੇਹੜਾ ਜੇਹੜਾ ਜੀਵ ਜਨਮ ਲੈਂਦਾ ਹੈ (ਤੇ ਗੁਰੂ ਦਾ ਸ਼ਬਦ ਆਪਣੇ ਹਿਰਦੇ ਵਿਚ ਨਹੀਂ ਵਸਾਂਦਾ) ਮੌਤ (ਦੇ ਸਹਮ) ਨੇ ਉਸ ਉਸ ਦਾ ਆਤਮਕ ਜੀਵਨ ਪਲਰਨ ਨਹੀਂ ਦਿੱਤਾ।

9863	227	ਹਮ ਹਰਿ ਰਾਖੇ ਗੁਰ ਸਬਦੁ ਬੀਚਾਰਿਆ॥੧॥ਰਹਾਉ॥		Ham Har Raakhae Gur Sabadh Beechaariaa ||1|| Rehaao ||	But I am protected by the Lord; I contemplate the Word of the Guru's Shabad. ||1||Pause||	ਮੇਰੇ ਆਤਮਕ ਜੀਵਨ ਨੂੰ ਪਰਮਾਤਮਾ ਨੇ ਆਪ ਬਚਾ ਲਿਆ, (ਕਿਉਂਕਿ ਉਸ ਦੀ ਮਿਹਰ ਨਾਲ) ਮੈਂ ਗੁਰੂ ਦੇ ਸ਼ਬਦ ਨੂੰ ਆਪਣੇ ਹਿਰਦੇ ਵਿਚ ਵਸਾ ਲਿਆ ॥੧॥ ਰਹਾਉ ॥
9864	227	ਮਾਇਆ ਮੋਹੇ ਦੇਵੀ ਸਭਿ ਦੇਵਾ॥		Maaeiaa Mohae Dhaevee Sabh Dhaevaa ||	All the gods and goddesses are enticed by Maya.	ਸਾਰੇ ਦੇਵੀਆਂ ਤੇ ਦੇਵਤੇ ਮਾਇਆ ਦੇ ਮੋਹ ਵਿਚ ਫਸੇ ਹੋਏ ਹਨ (ਇਹੀ ਹੈ ਆਤਮਕ ਮੌਤ)
9865	227	ਕਾਲੁ ਨ ਛੋਡੈ ਬਿਨੁ ਗੁਰ ਕੀ ਸੇਵਾ॥		Kaal N Shhoddai Bin Gur Kee Saevaa ||	Death cannot be avoided, without serving the Guru.	(ਇਹ ਆਤਮਕ) ਮੌਤ ਗੁਰੂ ਦੀ ਦੱਸੀ ਸੇਵਾ ਕਰਨ ਤੋਂ ਬਿਨਾ ਖ਼ਲਾਸੀ ਨਹੀਂ ਕਰਦੀ।
9866	227	ਓਹੁ ਅਬਿਨਾਸੀ ਅਲਖ ਅਭੇਵਾ॥੨॥		Ouhu Abinaasee Alakh Abhaevaa ||2||	That Lord is Imperishable, Invisible and Inscrutable. ||2||	(ਇਸ ਆਤਮਕ) ਮੌਤ ਤੋਂ ਬਚਿਆ ਹੋਇਆ ਸਿਰਫ਼ ਇਕ ਪਰਮਾਤਮਾ ਹੈ ਜਿਸ ਦੇ ਗੁਣ ਬਿਆਨ ਨਹੀਂ ਹੋ ਸਕਦੇ, ਜਿਸ ਦਾ ਭੇਤ ਪਾਇਆ ਨਹੀਂ ਜਾ ਸਕਦਾ ॥੨॥
9867	227	ਸੁਲਤਾਨ ਖਾਨ ਬਾਦਿਸਾਹ ਨਹੀ ਰਹਨਾ॥		Sulathaan Khaan Baadhisaah Nehee Rehanaa ||	The sultans, emperors and kings shall not remain.	(ਉਂਞ ਤਾਂ) ਸੁਲਤਾਨ ਹੋਣ, ਖ਼ਾਨ ਹੋਣ, ਬਾਦਿਸ਼ਾਹ ਹੋਣ, ਕਿਸੇ ਨੇ ਭੀ ਇਥੇ ਸਦਾ ਟਿਕੇ ਨਹੀਂ ਰਹਿਣਾ,

9868	227	ਨਾਮਹੁ ਭੂਲੈ ਜਮ ਕਾ ਦੁਖੁ ਸਹਨਾ॥		Naamahu Bhoolai Jam Kaa Dhukh Sehanaa ||	Forgetting the Name, they shall endure the pain of death.	ਪਰ ਪਰਮਾਤਮਾ ਦੇ ਨਾਮ ਤੋਂ ਜੋ ਜੋ ਖੁੰਝਦਾ ਹੈ ਉਹ ਜਮ ਦਾ ਦੁੱਖ ਸਹਾਰਦਾ ਹੈ (ਉਹ ਆਪਣੀ ਆਤਮਕ ਮੌਤ ਭੀ ਸਹੇੜ ਲੈਂਦਾ ਹੈ, ਇਸੇ ਕਰਕੇ, ਹੇ ਪ੍ਰਭੂ!)
9869	227	ਮੈ ਧਰ ਨਾਮੁ ਜਿਉ ਰਾਖਹੁ ਰਹਨਾ॥੩॥	(ਧਰ) ਆਸਰਾ	Mai Dhhar Naam Jio Raakhahu Rehanaa ||3||	My only Support is the Naam, the Name of the Lord; as He keeps me, I survive. ||3||	ਮੈਨੂੰ ਤੇਰਾ ਨਾਮ ਹੀ ਸਹਾਰਾ ਹੈ (ਮੈਂ ਇਹੀ ਅਰਦਾਸ ਕਰਦਾ ਹਾਂ) ਜਿਵੇਂ ਹੋ ਸਕੇ ਮੈਨੂੰ ਆਪਣੇ ਨਾਮ ਵਿਚ ਜੋੜੀ ਰੱਖ, ਮੈਂ ਤੇਰੇ ਨਾਮ ਵਿਚ ਹੀ ਟਿਕਿਆ ਰਹਾਂ ॥੩॥
9870	227	ਚਉਧਰੀ ਰਾਜੇ ਨਹੀ ਕਿਸੈ ਮੁਕਾਮੁ॥	(ਮੁਕਾਮੁ) ਸਥਿਰਤਾ	Choudhharee Raajae Nehee Kisai Mukaam ||	The leaders and kings shall not remain.	ਚਉਧਰੀ ਹੋਣ, ਰਾਜੇ ਹੋਣ, ਕਿਸੇ ਦਾ ਭੀ ਇਥੇ ਪੱਕਾ ਡੇਰਾ ਨਹੀਂ ਹੈ।
9871	227	ਸਾਹ ਮਰਹਿ ਸੰਚਹਿ ਮਾਇਆ ਦਾਮ॥	(ਸੰਚਹਿ) ਇਕੱਠਾ ਕਰਦੇ। (ਦਾਮ) ਧਨ	Saah Marehi Sanchehi Maaeiaa Dhaam ||	The bankers shall die, after accumulating their wealth and money.	ਪਰ (ਜੇਹੜੇ) ਸ਼ਾਹ ਨਿਰੀ ਮਾਇਆ ਹੀ ਜੋੜਦੇ ਹਨ ਨਿਰੇ ਪੈਸੇ ਹੀ ਇਕੱਠੇ ਕਰਦੇ ਹਨ, ਉਹ ਆਤਮਕ ਮੌਤੇ ਮਰ ਜਾਂਦੇ ਹਨ।
9872	227	ਮੈ ਧਨੁ ਦੀਜੈ ਹਰਿ ਅੰਮ੍ਰਿਤ ਨਾਮੁ॥੪॥		Mai Dhhan Dheejai Har Anmrith Naam ||4||	Grant me, O Lord, the wealth of Your Ambrosial Naam. ||4||	ਹੇ ਹਰੀ! ਮੈਨੂੰ ਆਤਮਕ ਜੀਵਨ ਦੇਣ ਵਾਲਾ ਆਪਣਾ ਨਾਮ-ਧਨ ਬਖ਼ਸ਼ ॥੪॥

9873	227	ਰਯਤਿ ਮਹਰ ਮੁਕਦਮ ਸਿਕਦਾਰੈ॥	(ਰਯਤਿ) ਪਰਜਾ। ਰਯ-ਤਿ: ਯ ਤਾਲੂ ਤੋਂ ਬੋਲੋ। (ਮੁ-ਕੱਦਮ) ਚੌਧਰੀ। (ਸਿੱਕਦਾਰੈ) ਸਰਦਾਰ ਨੇ	Rayath Mehar Mukadham Sikadhaarai ||	The people, rulers, leaders and chiefs	ਪਰਜਾ, ਪਰਜਾ ਦੇ ਮੁਖੀਏ, ਚੌਧਰੀ, ਸਰਦਾਰ-
9874	227	ਨਿਹਚਲੁ ਕੋਇ ਨ ਦਿਸੈ ਸੰਸਾਰੈ॥	(ਨਿਹਚਲੁ) ਅਚੱਲ	Nihachal Koe N Dhisai Sansaarai ||	None of them shall be able to remain in the world.	ਕੋਈ ਭੀ ਐਸਾ ਨਹੀਂ ਦਿੱਸਦਾ ਜੋ ਸੰਸਾਰ ਵਿਚ ਸਦਾ ਟਿਕਿਆ ਰਹਿ ਸਕੇ।
9875	227	ਅਫਰਿਓ ਕਾਲੁ ਕੂੜੁ ਸਿਰਿ ਮਾਰੈ॥੫॥	(ਅ-ਫਰਿਓ) ਅਮੋੜ	Afario Kaal Koorr Sir Maarai ||5||	Death is inevitable; it strikes the heads of the false. ||5||	ਪਰ ਬਲੀ ਕਾਲ ਉਸ ਦੇ ਸਿਰ ਉਤੇ ਚੋਟ ਮਾਰਦਾ ਹੈ (ਉਸ ਨੂੰ ਆਤਮਕ ਮੌਤੇ ਮਾਰਦਾ ਹੈ) ਜਿਸ ਦੇ ਹਿਰਦੇ ਵਿਚ ਮਾਇਆ ਦਾ ਮੋਹ ਹੈ ॥੫॥
9876	227	ਨਿਹਚਲੁ ਏਕੁ ਸਚਾ ਸਚੁ ਸੋਈ॥		Nihachal Eaek Sachaa Sach Soee ||	Only the One Lord, the Truest of the True, is permanent.	ਸਦਾ ਅਟੱਲ ਰਹਿਣ ਵਾਲਾ ਕੇਵਲ ਇਕੋ ਇਕ ਪਰਮਾਤਮਾ ਹੀ ਹੈ,
9877	227	ਜਿਨ ਕਰਿ ਸਾਜੀ ਤਿਨਹਿ ਸਭ ਗੋਈ॥	ਅਪਣੇ ਚ (ਗੋਈ) ਮਿਲਾਈ	Jin Kar Saajee Thinehi Sabh Goee ||	He who created and fashioned everything, shall destroy it.	ਜਿਸ ਨੇ ਇਹ ਸਾਰੀ ਸ੍ਰਿਸ਼ਟੀ ਰਚੀ ਬਣਾਈ ਹੈ, ਉਹ ਆਪ ਹੀ ਇਸ ਨੂੰ (ਆਪਣੇ ਅੰਦਰ) ਲੈ ਕਰ ਲੈਂਦਾ ਹੈ।
9878	227	ਓਹੁ ਗੁਰਮੁਖਿ ਜਾਪੈ ਤਾਂ ਪਤਿ ਹੋਈ॥੬॥	(ਗੁਰਮੁਖਿ) ਮੁਖੀ ਗੁਰੋਂ ਦੁਆਰਾ। (ਜਾਪੈ) ਜਾਣੀਏ	Ouhu Guramukh Jaapai Thaan Path Hoee ||6||	One who becomes Gurmukh and meditates on the Lord is honored. ||6||	ਜਦੋਂ ਗੁਰੂ ਦੀ ਸਰਨ ਪਿਆਂ ਉਹ ਪਰਮਾਤਮਾ ਹਰ ਥਾਂ ਦਿੱਸ ਪਏ (ਤਾਂ ਜੀਵ ਦਾ ਆਤਮਕ ਜੀਵਨ ਪਲਰਦਾ ਹੈ) ਤਦੋਂ (ਇਸ ਨੂੰ ਪ੍ਰਭੂ ਦੀ ਹਜ਼ੂਰੀ ਵਿਚ) ਆਦਰ ਮਿਲਦਾ ਹੈ ॥੬॥

9879	227	ਕਾਜੀ ਸੇਖ ਭੇਖ ਫਕੀਰਾ॥		Kaajee Saekh Bhaekh Fakeeraa ||	The Qazis, Shaykhs and Fakeers in religious robes	ਕਾਜ਼ੀ ਅਖਵਾਣ, ਸ਼ੇਖ ਅਖਵਾਣ, ਵੱਡੇ ਵੱਡੇ ਭੇਖਾਂ ਵਾਲੇ ਫ਼ਕੀਰ ਅਖਵਾਣ,
9880	227	ਬਡੇ ਕਹਾਵਹਿ ਹਉਮੈ ਤਨਿ ਪੀਰਾ॥		Vaddae Kehaavehi Houmai Than Peeraa ||	Call themselves great; but through their egotism, their bodies are suffering in pain.	(ਦੁਨੀਆ ਵਿਚ ਆਪਣੇ ਆਪ ਨੂੰ) ਵੱਡੇ ਵੱਡੇ ਅਖਵਾਣ; ਪਰ ਜੇ ਸਰੀਰ ਵਿਚ ਹਉਮੈ ਦੀ ਪੀੜ ਹੈ,
9881	227	ਕਾਲੁ ਨ ਛੋਡੈ ਬਿਨੁ ਸਤਿਗੁਰ ਕੀ ਧੀਰਾ॥੭॥		Kaal N Shhoddai Bin Sathigur Kee Dhheeraa ||7||	Death does not spare them, without the Support of the True Guru. ||7||	ਤਾਂ ਮੌਤ ਖ਼ਲਾਸੀ ਨਹੀਂ ਕਰਦੀ (ਆਤਮਕ ਮੌਤ ਖ਼ਲਾਸੀ ਨਹੀਂ ਕਰਦੀ, ਆਤਮਕ ਜੀਵਨ ਪਲਰਦਾ ਨਹੀਂ)। ਸਤਿਗੁਰੂ ਤੋਂ ਮਿਲੇ (ਨਾਮ-) ਆਧਾਰ ਤੋਂ ਬਿਨਾ (ਇਹ ਆਤਮਕ ਮੌਤ ਟਿਕੀ ਹੀ ਰਹਿੰਦੀ ਹੈ) ॥੭॥
9882	227	ਕਾਲੁ ਜਾਲੁ ਜਿਹਵਾ ਅਰੁ ਨੈਣੀ॥		Kaal Jaal Jihavaa Ar Nainee ||	The trap of Death is hanging over their tongues and eyes.	(ਨਿੰਦਿਆ ਆਦਿਕ ਦੇ ਕਾਰਨ) ਜੀਭ ਦੀ ਰਾਹੀਂ, (ਪਰਾਇਆ ਰੂਪ ਤੱਕਣ ਦੇ ਕਾਰਨ) ਅੱਖਾਂ ਦੀ ਰਾਹੀਂ,
9883	227	ਕਾਨੀ ਕਾਲੁ ਸੁਣੈ ਬਿਖੁ ਬੈਣੀ॥	ਕੱਾਨੀ	Kaanee Kaal Sunai Bikh Bainee ||	Death is over their ears, when they hear talk of evil.	ਅਤੇ ਕੰਨਾਂ ਦੀ ਰਾਹੀਂ (ਕਿਉਂਕਿ ਜੀਵ) ਆਤਮਕ ਮੌਤ ਲਿਆਉਣ ਵਾਲੇ (ਨਿੰਦਿਆ ਆਦਿਕ ਦੇ) ਬਚਨ ਸੁਣਦਾ ਹੈ ਆਤਮਕ ਮੌਤ (ਦਾ) ਜਾਲ (ਜੀਵਾਂ ਦੇ ਸਿਰ ਉਤੇ ਸਦਾ ਤਣਿਆ ਰਹਿੰਦਾ ਹੈ)।

9884	227	ਬਿਨੁ ਸਬਦੈ ਮੂਠੇ ਦਿਨੁ ਰੈਣੀ॥੮॥	(ਮੂਠੇ) ਲੁੱਟੇ	Bin Sabadhai Moothae Dhin Rainee ||8||	Without the Shabad, they are plundered, day and night. ||8||	ਗੁਰੂ ਦੇ ਸ਼ਬਦ (ਦਾ ਆਸਰਾ ਲੈਣ) ਤੋਂ ਬਿਨਾ ਜੀਵ ਦਿਨ ਰਾਤ (ਆਤਮਕ ਜੀਵਨ ਦੇ ਗੁਣਾਂ ਤੋਂ) ਲੁੱਟੇ ਜਾ ਰਹੇ ਹਨ ॥੮॥
9885	227	ਹਿਰਦੈ ਸਾਚੁ ਵਸੈ ਹਰਿ ਨਾਇ॥		Hiradhai Saach Vasai Har Naae ||	Death cannot touch those whose hearts are filled with the True Name of the Lord,	ਜਿਸ ਮਨੁੱਖ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ (ਸਦਾ) ਵੱਸਿਆ ਰਹਿੰਦਾ ਹੈ, ਜੋ ਮਨੁੱਖ ਪਰਮਾਤਮਾ ਦੇ ਨਾਮ ਵਿਚ (ਸਦਾ) ਟਿਕਿਆ ਰਹਿੰਦਾ ਹੈ,
9886	227	ਕਾਲੁ ਨ ਜੋਹਿ ਸਕੈ ਗੁਣ ਗਾਇ॥	(ਜੋਹਿ) ਦੇਖ	Kaal N Johi Sakai Gun Gaae ||	And who sing the Glories of God.	ਆਤਮਕ ਮੌਤ (ਮੌਤ ਦਾ ਸਹਮ) ਉਸ ਵਲ ਕਦੇ ਤੱਕ ਭੀ ਨਹੀਂ ਸਕਦੀ (ਕਿਉਂਕਿ ਉਹ ਸਦਾ ਪ੍ਰਭੂ ਦੇ) ਗੁਣ ਗਾਂਦਾ ਹੈ।
9887	227	ਨਾਨਕ ਗੁਰਮੁਖਿ ਸਬਦਿ ਸਮਾਇ॥੯॥੧੪॥		Naanak Guramukh Sabadh Samaae ||9||14||	O Nanak, the Gurmukh is absorbed in the Word of the Shabad. ||9||14||	ਹੇ ਨਾਨਕ! ਉਹ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਗੁਰ-ਸ਼ਬਦ ਦੀ ਰਾਹੀਂ (ਪ੍ਰਭੂ-ਚਰਨਾਂ ਵਿਚ ਸਦਾ) ਲੀਨ ਰਹਿੰਦਾ ਹੈ ॥੯॥੧੪॥
9888	227	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
9889	227	ਬੋਲਹਿ ਸਾਚੁ ਮਿਥਿਆ ਨਹੀ ਰਾਈ॥	ਮਿਥਿਆ: ਪੋਲਾ ਬੋਲੋ	Bolehi Saach Mithhiaa Nehee Raaee ||	They speak the Truth - not an iota of falsehood.	ਜੇਹੜੇ ਮਨੁੱਖ ਸਦਾ ਅਟੱਲ ਰਹਿਣ ਵਾਲਾ ਬੋਲ ਹੀ ਬੋਲਦੇ ਹਨ, ਰਤਾ ਭੀ ਝੂਠ ਨਹੀਂ ਬੋਲਦੇ,
9890	227	ਚਾਲਹਿ ਗੁਰਮੁਖਿ ਹੁਕਮਿ ਰਜਾਈ॥		Chaalehi Guramukh Hukam Rajaaee ||	The Gurmukhs walk in the Way of the Lord's Command.	ਗੁਰੂ ਦੇ ਸਨਮੁਖ ਰਹਿ ਕੇ ਰਜ਼ਾ ਦੇ ਮਾਲਕ ਪ੍ਰਭੂ ਦੇ ਹੁਕਮ ਵਿਚ ਤੁਰਦੇ ਹਨ,

9891	227	ਰਹਹਿ ਅਤੀਤ ਸਚੇ ਸਰਣਾਈ॥੧॥	(ਅਤੀਤ) ਅਛੋਹ ਤਿਆਗੀ	Rehehi Atheeth Sachae Saranaaee ||1||	They remain unattached, in the Sanctuary of the True Lord. ||1||	ਉਹ ਸਦਾ-ਥਿਰ ਪ੍ਰਭੂ ਦੀ ਸਰਨ ਵਿਚ ਰਹਿ ਕੇ ਮਾਇਆ ਦੇ ਪ੍ਰਭਾਵ ਤੋਂ ਉਤਾਂਹ ਰਹਿੰਦੇ ਹਨ ॥੧॥
9892	227	ਸਚ ਘਰਿ ਬੈਸੈ ਕਾਲੁ ਨ ਜੋਹੈ॥		Sach Ghar Baisai Kaal N Johai ||	They dwell in their true home, and Death does not touch them.	ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦੇ ਚਰਨਾਂ ਵਿਚ ਟਿਕਿਆ ਰਹਿੰਦਾ ਹੈ, ਉਸ ਨੂੰ ਮੌਤ ਦਾ ਸਹਮ ਪੋਹ ਨਹੀਂ ਸਕਦਾ (ਉਸ ਦੇ ਆਤਮਕ ਜੀਵਨ ਨੂੰ ਕੋਈ ਖ਼ਤਰਾ ਨਹੀਂ ਹੁੰਦਾ)।
9893	227	ਮਨਮੁਖ ਕਉ ਆਵਤ ਜਾਵਤ ਦੁਖੁ ਮੋਹੈ॥੧॥ਰਹਾਉ॥		Manamukh Ko Aavath Jaavath Dhukh Mohai ||1|| Rehaao ||	The self-willed manmukhs come and go, in the pain of emotional attachment. ||1||Pause||	ਪਰ ਆਪਣੇ ਮਨ ਦੇ ਮੁਰੀਦ ਮਨੁੱਖ ਨੂੰ ਮੋਹ (ਵਿਚ ਫਸੇ ਹੋਣ) ਦੇ ਕਾਰਨ ਜਨਮ ਮਰਨ ਦਾ ਦੁੱਖ (ਦਬਾਈ ਰੱਖਦਾ) ਹੈ ॥੧॥ ਰਹਾਉ ॥
9894	227	ਅਪਿਉ ਪੀਅਉ ਅਕਥੁ ਕਥਿ ਰਹੀਐ॥	ਅ-ਕਥੁ ਕਥਿ: ਪੋਲੇ ਬੋਲੋ	Apio Peeao Akathh Kathh Reheeai ||	So, drink deeply of this Nectar, and speak the Unspoken Speech.	ਕੋਈ ਭੀ ਜੀਵ ਨਾਮ-ਰਸ ਪੀਏ (ਤੇ ਪੀ ਕੇ ਵੇਖ ਲਏ), ਬੇਅੰਤ ਗੁਣਾਂ ਦੇ ਮਾਲਕ ਪ੍ਰਭੂ ਦੀ ਸਿਫ਼ਤ-ਸਾਲਾਹ ਕਰ ਕੇ,
9895	227	ਨਿਜ ਘਰਿ ਬੈਸਿ ਸਹਜ ਘਰੁ ਲਹੀਐ॥		Nij Ghar Bais Sehaj Ghar Leheeai ||	Dwelling in the home of your own being within, you shall find the home of intuitive peace.	ਨਿਜ ਘਰ ਵਿਚ ਟਿਕੇ ਰਹਿ ਸਕੀਦਾ ਹੈ, ਤੇ ਉਸ ਸ੍ਵੈ-ਸਰੂਪ ਵਿਚ ਬੈਠ ਕੇ ਆਤਮਕ ਅਡੋਲਤਾ ਦਾ ਟਿਕਾਣਾ ਲੱਭ ਸਕੀਦਾ ਹੈ।

9896	227	ਹਰਿ ਰਸਿ ਮਾਤੇ ਇਹੁ ਸੁਖੁ ਕਹੀਐ॥੨॥		Har Ras Maathae Eihu Sukh Keheeai ||2||	One who is imbued with the Lord's sublime essence, is said to experience this peace. ||2||	ਹਰਿ-ਨਾਮ-ਰਸ ਵਿਚ ਮਸਤ ਹੋਇਆਂ ਇਹ ਕਹਿ ਸਕੀਦਾ ਹੈ ਕਿ ਇਹੀ ਹੈ ਅਸਲ ਆਤਮਕ ਸੁਖ ॥੨॥
9897	227	ਗੁਰਮਤਿ ਚਾਲ ਨਿਹਚਲ ਨਹੀ ਡੋਲੈ॥		Guramath Chaal Nihachal Nehee Ddolai ||	Following the Guru's Teachings, one becomes perfectly stable, and never wavers.	ਗੁਰੂ ਦੀ ਮਤਿ ਤੇ ਤੁਰਨ ਵਾਲੀ ਜੀਵਨ-ਜੁਗਤਿ (ਐਸੀ ਹੈ ਕਿ ਇਸ) ਨੂੰ ਮਾਇਆ ਦਾ ਮੋਹ ਹਿਲਾ ਨਹੀਂ ਸਕਦਾ, ਮਾਇਆ ਦੇ ਮੋਹ ਵਿਚ ਇਹ ਡੋਲ ਨਹੀਂ ਸਕਦੀ।
9898	227	ਗੁਰਮਤਿ ਸਾਚਿ ਸਹਜਿ ਹਰਿ ਬੋਲੈ॥		Guramath Saach Sehaj Har Bolai ||	Following the Guru's Teachings, one intuitively chants the Name of the True Lord.	ਜੇਹੜਾ ਮਨੁੱਖ ਗੁਰੂ ਦੀ ਮਤਿ ਧਾਰਨ ਕਰ ਕੇ ਸਦਾ-ਥਿਰ ਪ੍ਰਭੂ ਵਿਚ ਅਡੋਲ ਆਤਮਕ ਅਵਸਥਾ ਵਿਚ ਟਿਕ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ,
9899	227	ਪੀਵੈ ਅੰਮ੍ਰਿਤੁ ਤਤੁ ਵਿਰੋਲੈ॥੩॥		Peevai Anmrith Thath Virolai ||3||	Drinking in this Ambrosial Nectar, and churning it, the essential reality is discerned. ||3||	ਉਹ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਂਦਾ ਹੈ, ਉਹ ਅਸਲੀਅਤ ਨੂੰ ਵਿਰੋਲ ਕੇ ਲੱਭ ਲੈਂਦਾ ਹੈ ॥੩॥
9900	227	ਸਤਿਗੁਰੁ ਦੇਖਿਆ ਦੀਖਿਆ ਲੀਨੀ॥	(ਦੀਖਿਆ) ਸਿੱਖਿਆ	Sathigur Dhaekhiaa Dheekhiaa Leenee ||	Beholding the True Guru, I have received His Teachings.	ਜਿਸ ਮਨੁੱਖ ਨੇ (ਪੂਰੇ) ਗੁਰੂ ਦਾ ਦਰਸਨ ਕਰ ਲਿਆ ਤੇ ਗੁਰੂ ਦੀ ਸਿੱਖਿਆ ਗ੍ਰਹਣ ਕਰ ਲਈ,

9901	227	ਮਨੁ ਤਨੁ ਅਰਪਿਓ ਅੰਤਰਗਤਿ ਕੀਨੀ॥		Man Than Arapiou Anthar Gath Keenee ||	I have offered my mind and body, after searching deep within my own being.	ਆਪਣੇ ਅੰਤਰ ਆਤਮੇ ਵਸਾ ਲਈ ਤੇ (ਉਸ ਸਿੱਖਿਆ ਦੀ ਖ਼ਾਤਰ) ਆਪਣਾ ਮਨ ਤੇ ਆਪਣਾ ਤਨ ਭੇਟ ਕਰ ਦਿੱਤਾ,
9902	227	ਗਤਿ ਮਿਤਿ ਪਾਈ ਆਤਮੁ ਚੀਨੀ॥੪॥	(ਚੀਨੀ) ਜਾਣਿਆ	Gath Mith Paaee Aatham Cheenee ||4||	I have come to realize the value of understanding my own soul. ||4||	(ਤੇ ਜਿਸ ਮਨੁੱਖ ਨੇ ਇਸ ਸਿੱਖਿਆ ਦੀ ਬਰਕਤਿ ਨਾਲ ਸਦਾ-ਥਿਰ ਪ੍ਰਭੂ ਦੇ ਚਰਨਾਂ ਵਿਚ ਜੁੜਨਾ ਸ਼ੁਰੂ ਕਰ ਦਿੱਤਾ) ਉਸ ਨੇ ਆਪਣੇ ਅਸਲੇ ਨੂੰ ਪਛਾਣ ਲਿਆ, ਉਸ ਨੂੰ ਸਮਝ ਆ ਗਈ ਕਿ ਪਰਮਾਤਮਾ ਸਭ ਤੋਂ ਉੱਚੀ ਆਤਮਕ ਅਵਸਥਾ ਵਾਲਾ ਹੈ ਤੇ ਬੇਅੰਤ ਵਡਾਈ ਵਾਲਾ ਹੈ ॥੪॥
9903	227	ਭੋਜਨੁ ਨਾਮੁ ਨਿਰੰਜਨ ਸਾਰੁ॥		Bhojan Naam Niranjan Saar ||	The Naam, the Name of the Immaculate Lord, is the most excellent and sublime food.	ਜੇਹੜਾ ਮਨੁੱਖ (ਸਦਾ-ਥਿਰ ਪ੍ਰਭੂ ਦੇ ਚਰਨਾਂ ਵਿਚ ਜੁੜਦਾ ਹੈ) ਨਿਰੰਜਨ ਦੇ ਸ੍ਰੇਸ਼ਟ ਨਾਮ ਨੂੰ ਆਪਣੀ ਆਤਮਕ ਖ਼ੁਰਾਕ ਬਣਾਂਦਾ ਹੈ,
9904	227	ਪਰਮਹੰਸੁ ਸਚੁ ਜੋਤਿ ਅਪਾਰ॥	(ਪਰਮਹੰਸੁ) ਬ੍ਰਹਮਗਿਆਨੀ। (ਅਪਾਰ) ਬੇਅੰਤ ਵਾਹਿਗੁਰੂ ਜੀ	Param Hans Sach Joth Apaar ||	The pure swan-souls see the True Light of the Infinite Lord.	ਉਹ ਸਦਾ-ਥਿਰ ਰਹਿਣ ਵਾਲਾ ਪਰਮ ਹੰਸ ਬਣ ਜਾਂਦਾ ਹੈ, ਬੇਅੰਤ (ਪ੍ਰਭੂ) ਦੀ ਜੋਤਿ (ਉਸ ਦੇ ਅੰਦਰ ਚਮਕ ਪੈਂਦੀ ਹੈ)।

9905	227	ਜਹ ਦੇਖਉ ਤਹ ਏਕੰਕਾਰੁ॥੫॥		Jeh Dhaekho Theh Eaekankaar ||5||	Wherever I look, I see the One and Only Lord. ||5||	ਬੇਸ਼ਕ ਕਿਸੇ ਭੀ ਪਾਸੇ ਉਹ ਤੱਕ ਕੇ ਵੇਖ ਲਏ, ਉਸ ਨੂੰ ਹਰ ਥਾਂ ਇੱਕ ਪਰਮਾਤਮਾ ਹੀ ਦਿੱਸਦਾ ਹੈ ॥੫॥
9906	227	ਰਹੈ ਨਿਰਾਲਮੁ ਏਕਾ ਸਚੁ ਕਰਣੀ॥	(ਨਿਰਾਲਮੁ) ਨਿਰਲੇਪ	Rehai Niraalam Eaekaa Sach Karanee ||	One who remains pure and unblemished and practices only true deeds,	("ਸਚ ਘਰ" ਵਿਚ ਬੈਠਣ ਵਾਲਾ) ਉਹ ਮਨੁੱਖ ਮਾਇਆ (ਦੇ ਪ੍ਰਭਾਵ) ਤੋਂ ਨਿਰਲੇਪ ਰਹਿੰਦਾ ਹੈ, ਸਦਾ-ਥਿਰ ਪ੍ਰਭੂ ਦਾ ਸਿਮਰਨ ਹੀ ਉਸ ਦੀ ਨਿੱਤ ਦੀ ਕਾਰ ਹੋ ਜਾਂਦੀ ਹੈ।
9907	227	ਪਰਮਪਦੁ ਪਾਇਆ ਸੇਵਾ ਗੁਰ ਚਰਣੀ॥		Param Padh Paaeiaa Saevaa Gur Charanee ||	Obtains the supreme status, serving at the Guru's Feet.	ਗੁਰੂ ਦੀ ਦੱਸੀ ਸੇਵਾ ਕਰ ਕੇ ਗੁਰੂ ਦੇ ਚਰਨਾਂ ਵਿਚ ਟਿਕਿਆ ਰਹਿ ਕੇ ਉਹ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ।
9908	227	ਮਨ ਤੇ ਮਨੁ ਮਾਨਿਆ ਚੂਕੀ ਅਹੰ ਭ੍ਰਮਣੀ॥੬॥		Man Thae Man Maaniaa Chookee Ahan Bhramanee ||6||	The mind is reconciliated with the mind, and the ego's wandering ways come to an end. ||6||	ਅੰਦਰੇ ਅੰਦਰ ਉਸ ਦਾ ਮਨ ਸਿਮਰਨ ਵਿਚ ਗਿੱਝ ਜਾਂਦਾ ਹੈ, ਹਉਮੈ ਵਾਲੀ ਉਸ ਦੀ ਭਟਕਣਾ ਮੁੱਕ ਜਾਂਦੀ ਹੈ ॥੬॥
9909	227	ਇਨ ਬਿਧਿ ਕਉਣੁ ਕਉਣੁ ਨਹੀ ਤਾਰਿਆ॥		Ein Bidhh Koun Koun Nehee Thaariaa ||	In this way, who - who has not been saved?	("ਸਚ ਘਰ" ਵਿਚ ਬੈਠੇ ਰਹਿਣ ਦੀ) ਇਸ ਵਿਧੀ ਨੇ ਕਿਸ ਕਿਸ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਨਹੀਂ ਲੰਘਾਇਆ?

9910	227	ਹਰਿ ਜਸਿ ਸੰਤ ਭਗਤ ਨਿਸਤਾਰਿਆ॥		Har Jas Santh Bhagath Nisathaariaa ||	The Lord's Praises have saved His Saints and devotees.	ਪਰਮਾਤਮਾ ਦੀ ਸਿਫ਼ਤ-ਸਾਲਾਹ ਨੇ ਸਾਰੇ ਸੰਤਾਂ ਨੂੰ ਭਗਤਾਂ ਨੂੰ ਪਾਰ ਲੰਘਾ ਦਿੱਤਾ ਹੈ।
9911	228	ਪ੍ਰਭ ਪਾਏ ਹਮ ਅਵਰੁ ਨ ਭਾਰਿਆ॥੭॥	(ਭਾਰਿਆ) ਭਾਲਿਆ	Prabh Paaeae Ham Avar N Bhaariaa ||7||	I have found God - I am not searching for any other. ||7||	ਜਿਸ ਜਿਸ ਨੇ ਜਸ ਕੀਤਾ, ਉਸ ਨੂੰ ਪ੍ਰਭੂ ਜੀ ਮਿਲ ਪਏ। (ਮੈਂ ਭੀ ਪ੍ਰਭੂ ਦੀ ਸਿਫ਼ਤ-ਸਾਲਾਹ ਹੀ ਕਰਦਾ ਹਾਂ ਤੇ) ਉਸ ਤੋਂ ਬਿਨਾ ਕਿਸੇ ਹੋਰ ਨੂੰ ਨਹੀਂ ਭਾਲਦਾ ॥੭॥
9912	228	ਸਾਚ ਮਹਲਿ ਗੁਰਿ ਅਲਖੁ ਲਖਾਇਆ॥	ਅ-ਲਖ: ਪੋਲਾ ਬੋਲੋ	Saach Mehal Gur Alakh Lakhaaeiaa ||	The Guru has shown me the unseen Mansion of the True Lord.	ਸਦਾ-ਥਿਰ ਪ੍ਰਭੂ ਦੇ ਮਹਲ ਵਿਚ (ਅਪੜਾ ਕੇ) ਗੁਰੂ ਨੇ ਜਿਸ ਮਨੁੱਖ ਨੂੰ ਅਲੱਖ ਪ੍ਰਭੂ ਦਾ ਸਰੂਪ (ਹਿਰਦੇ ਵਿਚ) ਪ੍ਰਤੱਖ ਕਰ ਦਿੱਤਾ ਹੈ,
9913	228	ਨਿਹਚਲ ਮਹਲੁ ਨਹੀ ਛਾਇਆ ਮਾਇਆ॥	(ਛਾਇਆ) ਅਵਿੱਦਿਆ	Nihachal Mehal Nehee Shhaaeiaa Maaeiaa ||	His Mansion is eternal and unchanging; it is not a mere reflection of Maya.	ਉਸ ਨੂੰ ਉਹ ਅਚੱਲ ਟਿਕਾਣਾ (ਸਦਾ ਲਈ ਪ੍ਰਾਪਤ ਹੋ ਜਾਂਦਾ ਹੈ) ਜਿਸ ਉਤੇ ਮਾਇਆ ਦਾ ਪ੍ਰਭਾਵ ਨਹੀਂ ਪੈਂਦਾ।
9914	228	ਸਾਚਿ ਸੰਤੋਖੇ ਭਰਮੁ ਚੁਕਾਇਆ॥੮॥		Saach Santhokhae Bharam Chukaaeiaa ||8||	Through truth and contentment, doubt is dispelled. ||8||	ਜੇਹੜੇ ਜੇਹੜੇ ਬੰਦੇ ਸਦਾ-ਥਿਰ ਪ੍ਰਭੂ ਵਿਚ ਜੁੜ ਕੇ ਮਾਇਆ ਵਲੋਂ ਰੱਜ ਜਾਂਦੇ ਹਨ, ਉਹਨਾਂ ਦੀ ਭਟਕਣਾ ਮੁੱਕ ਜਾਂਦੀ ਹੈ ॥੮॥

9915	228	ਜਿਨ ਕੈ ਮਨਿ ਵਸਿਆ ਸਚੁ ਸੋਈ॥		Jin Kai Man Vasiaa Sach Soee ||	That person, within whose mind the True Lord dwells	ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਉਹ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਵੱਸ ਪੈਂਦਾ ਹੈ,
9916	228	ਤਿਨ ਕੀ ਸੰਗਤਿ ਗੁਰਮੁਖਿ ਹੋਈ॥		Thin Kee Sangath Guramukh Hoee ||	In his company, one becomes Gurmukh.	ਉਹਨਾਂ ਦੀ ਸੰਗਤਿ ਜਿਸ ਮਨੁੱਖ ਨੂੰ ਗੁਰੂ ਦੀ ਸਰਨ ਪੈ ਕੇ ਪ੍ਰਾਪਤ ਹੁੰਦੀ ਹੈ।
9917	228	ਨਾਨਕ ਸਾਚਿ ਨਾਮਿ ਮਲੁ ਖੋਈ॥੯॥੧੫॥		Naanak Saach Naam Mal Khoee ||9||15||	O Nanak, the True Name washes off the pollution. ||9||15||	ਹੇ ਨਾਨਕ! ਉਹ ਮਨੁੱਖ ਪ੍ਰਭੂ ਦੇ ਸਦਾ-ਥਿਰ ਨਾਮ ਵਿਚ ਜੁੜ ਕੇ (ਆਪਣੇ ਮਨ ਦੀ ਵਿਕਾਰਾਂ ਦੀ) ਮੈਲ ਸਾਫ਼ ਕਰ ਲੈਂਦਾ ਹੈ ॥੯॥੧੫॥
9918	228	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	
9919	228	ਰਾਮਿ ਨਾਮਿ ਚਿਤੁ ਰਾਪੈ ਜਾ ਕਾ॥	(ਰਾਪੈ) ਰੰਗਿਆ	Raam Naam Chith Raapai Jaa Kaa ||	One whose consciousness is permeated with the Lord's Name	ਜਿਸ ਮਨੁੱਖ ਦਾ ਮਨ ਪਰਮਾਤਮਾ ਵਿਚ ਪਰਮਾਤਮਾ ਦੇ ਨਾਮ (-ਰੰਗ) ਵਿਚ ਰੰਗਿਆ ਹੋਇਆ ਹੈ,
9920	228	ਉਪਜੰਪਿ ਦਰਸਨੁ ਕੀਜੈ ਤਾ ਕਾ॥੧॥	ਹਰ ਰੋਜ਼ (ਉਪਜੰਪਿ) ਸੂਰਜ ਚੜਦਿਆਂ ਹੀ	Oupajanp Dharasan Keejai Thaa Kaa ||1||	- receive the blessing of his darshan in the early light of dawn. ||1||	ਉਸ ਦਾ ਦਰਸਨ ਨਿੱਤ ਸਵੇਰੇ ਉਠਦਿਆਂ ਹੀ ਕਰਨਾ ਚਾਹੀਦਾ ਹੈ (ਅਜੇਹੇ ਸੁਭਾਗੇ ਮਨੁੱਖ ਦੀ ਸੰਗਤਿ ਨਾਲ ਪਰਮਾਤਮਾ ਦਾ ਨਾਮ ਚੇਤੇ ਆਉਂਦਾ ਹੈ) ॥੧॥
9921	228	ਰਾਮ ਨ ਜਪਹੁ ਅਭਾਗੁ ਤੁਮਾਰਾ॥		Raam N Japahu Abhaag Thumaaraa ||	If you do not meditate on the Lord, it is your own misfortune.	ਹੇ ਭਾਈ! (ਜੇ) ਤੁਸੀ ਪਰਮਾਤਮਾ ਦਾ ਨਾਮ ਨਹੀਂ ਸਿਮਰਦੇ, ਤਾਂ ਇਹ ਤੁਹਾਡੀ ਬਦ-ਕਿਸਮਤੀ ਹੈ।

9922	228	ਜੁਗਿ ਜੁਗਿ ਦਾਤਾ ਪ੍ਰਭੁ ਰਾਮੁ ਹਮਾਰਾ॥੧॥ਰਹਾਉ॥		Jug Jug Dhaathaa Prabh Raam Hamaaraa ||1|| Rehaao ||	In each and every age, the Great Giver is my Lord God. ||1||Pause||	ਪਰਮਾਤਮਾ ਪ੍ਰਭੂ ਸਦਾ ਤੋਂ ਹੀ ਸਾਨੂੰ (ਸਭ ਜੀਵਾਂ ਨੂੰ) ਦਾਤਾਂ ਦੇਂਦਾ ਚਲਾ ਆ ਰਿਹਾ ਹੈ (ਅਜੇਹੇ ਦਾਤੇ ਨੂੰ ਭੁਲਾਣਾ ਮੰਗ-ਭਾਗਤਾ ਹੈ) ॥੧॥ ਰਹਾਉ ॥
9923	228	ਗੁਰਮਤਿ ਰਾਮੁ ਜਪੈ ਜਨੁ ਪੂਰਾ॥		Guramath Raam Japai Jan Pooraa ||	Following the Guru's Teachings, the perfect humble beings meditate on the Lord.	ਜੇਹੜਾ ਮਨੁੱਖ ਗੁਰੂ ਦੀ ਸਿੱਖਿਆ ਲੈ ਕੇ ਪਰਮਾਤਮਾ ਦਾ ਨਾਮ ਜਪਦਾ ਹੈ, ਉਹ ਪੂਰਨ ਹੋ ਜਾਂਦਾ ਹੈ (ਉਸ ਦਾ ਮਨ ਮਾਇਆ ਦੇ ਮੋਹ ਵਿਚ ਡੋਲਦਾ ਨਹੀਂ)।
9924	228	ਤਿਤੁ ਘਟ ਅਨਹਤ ਬਾਜੇ ਤੂਰਾ॥੨॥	(ਅਨਹਤ) ਇੱਕ ਰਸ। (ਤੂਰਾ) ਵਾਜੇ	Thith Ghatt Anehath Baajae Thooraa ||2||	Within their hearts, the unstruck melody vibrates. ||2||	ਉਸ (ਦੇ) ਹਿਰਦੇ ਵਿਚ (ਖਿੜਾਉ ਹੀ ਖਿੜਾਉ ਬਣਿਆ ਰਹਿੰਦਾ ਹੈ, ਮਾਨੋ) ਇਕ-ਰਸ ਤੁਰਮਾਂ ਆਦਿਕ ਵਾਜੇ ਵੱਜਦੇ ਰਹਿੰਦੇ ਹਨ ॥੨॥
9925	228	ਜੋ ਜਨ ਰਾਮ ਭਗਤਿ ਹਰਿ ਪਿਆਰਿ॥		Jo Jan Raam Bhagath Har Piaar ||	Those who worship the Lord and love the Lord	ਜੇਹੜੇ ਬੰਦੇ ਹਰਿ ਪਰਮਾਤਮਾ ਦੀ ਭਗਤੀ ਦੇ ਪਿਆਰ ਵਿਚ (ਜੁੜਦੇ) ਹਨ,
9926	228	ਸੇ ਪ੍ਰਭਿ ਰਾਖੇ ਕਿਰਪਾ ਧਾਰਿ॥੩॥		Sae Prabh Raakhae Kirapaa Dhaar ||3||	- showering His Mercy, God protects them. ||3||	ਉਹਨਾਂ ਨੂੰ ਪ੍ਰਭੂ ਨੇ ਮਿਹਰ ਕਰ ਕੇ (ਹਉਮੈ ਆਦਿਕ ਤੋਂ) ਬਚਾ ਲਿਆ ਹੈ ॥੩॥
9927	228	ਜਿਨ ਕੈ ਹਿਰਦੈ ਹਰਿ ਹਰਿ ਸੋਈ॥		Jin Kai Hiradhai Har Har Soee ||	Those whose hearts are filled with the Lord, Har, Har	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਉਹ (ਦਇਆ-ਨਿਧਿ) ਪਰਮਾਤਮਾ ਵੱਸਦਾ ਹੈ,

9928	228	ਤਿਨ ਕਾ ਦਰਸੁ ਪਰਸਿ ਸੁਖੁ ਹੋਈ॥੪॥		Thin Kaa Dharas Paras Sukh Hoee ||4||	- gazing upon the blessed vision of their darshan, peace is obtained. ||4||	ਉਹਨਾਂ ਦਾ ਦਰਸਨ ਕੀਤਿਆਂ (ਆਤਮਕ) ਆਨੰਦ ਮਿਲਦਾ ਹੈ ॥੪॥
9929	228	ਸਰਬ ਜੀਆ ਮਹਿ ਏਕੋ ਰਵੈ॥		Sarab Jeeaa Mehi Eaeko Ravai ||	Among all beings, the One Lord is pervading.	ਸਭ ਜੀਵਾਂ ਦੇ ਅੰਦਰ ਇਕ ਪਰਮਾਤਮਾ ਹੀ ਵਿਆਪਕ ਹੈ।
9930	228	ਮਨਮੁਖਿ ਅਹੰਕਾਰੀ ਫਿਰਿ ਜੂਨੀ ਭਵੈ॥੫॥	ਅਹੰ-ਕਾਰੀ	Manamukh Ahankaaree Fir Joonee Bhavai ||5||	The eogtistical, self-willed manmukhs wander in reincarnation. ||5||	(ਪਰ) ਮਨ ਦਾ ਮੁਰੀਦ ਮਨੁੱਖ (ਇਸ ਗੱਲ ਨੂੰ ਨਹੀਂ ਸਮਝਦਾ, ਉਹ ਇਹਨਾਂ ਵਿਚ ਰੱਬ ਵੱਸਦਾ ਨਹੀਂ ਵੇਖਦਾ, ਉਹ) ਜੀਵਾਂ ਨਾਲ ਅਹੰਕਾਰ-ਭਰਿਆ ਵਰਤਾਉ ਕਰਦਾ ਹੈ, ਤੇ ਮੁੜ ਮੁੜ ਜੂਨਾਂ ਵਿੱਚ ਭਟਕਦਾ ਹੈ ॥੫॥
9931	228	ਸੋ ਬੂਝੈ ਜੋ ਸਤਿਗੁਰੁ ਪਾਏ॥	ਬੂੱਝੈ	So Boojhai Jo Sathigur Paaeae ||	They alone understand, who have found the True Guru.	ਜਿਸ ਮਨੁੱਖ ਨੂੰ ਸਤਿਗੁਰੂ ਮਿਲਦਾ ਹੈ ਉਹ ਸਮਝ ਲੈਂਦਾ ਹੈ (ਕਿ ਸਭ ਜੀਵਾਂ ਵਿਚ ਪਰਮਾਤਮਾ ਹੀ ਵੱਸਦਾ ਹੈ, ਇਸ ਵਾਸਤੇ)
9932	228	ਹਉਮੈ ਮਾਰੇ ਗੁਰ ਸਬਦੇ ਪਾਏ॥੬॥		Houmai Maarae Gur Sabadhae Paaeae ||6||	Subduing their ego, they receive the Word of the Guru's Shabad. ||6||	ਉਹ (ਆਪਣੇ ਅੰਦਰੋਂ) ਹਉਮੈ ਮਾਰਦਾ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ (ਪਰਮਾਤਮਾ ਦਾ ਮੇਲ) ਪ੍ਰਾਪਤ ਕਰ ਲੈਂਦਾ ਹੈ ॥੬॥

9933	228	ਅਰਧ ਉਰਧ ਕੀ ਸੰਧਿ ਕਿਉ ਜਾਨੈ॥	(ਅਰਧ) ਹੇਠਾਂ ਜੀਵ। (ਉਰਧ) ਉੱਪਰ ਪ੍ਰਮਾਤਮਾ ਜੀ। (ਸੰਧਿ) ਮੇਲ	Aradhh Ouradhh Kee Sandhh Kio Jaanai ||	How can anyone know of the Union between the being below and the Supreme Being above?	(ਸਿਮਰਨ ਤੋਂ ਵਾਂਜੇ ਰਿਹਾਂ, ਮਨੁੱਖ ਨੂੰ) ਜੀਵਾਤਮਾ ਤੇ ਪਰਮਾਤਮਾ ਦੇ ਮਿਲਾਪ ਦੀ ਪਛਾਣ ਨਹੀਂ ਆ ਸਕਦੀ,
9934	228	ਗੁਰਮੁਖਿ ਸੰਧਿ ਮਿਲੈ ਮਨੁ ਮਾਨੈ॥੭॥	(ਸੰਧਿ) ਸੰਗਤ	Guramukh Sandhh Milai Man Maanai ||7||	The Gurmukhs obtain this Union; their minds are reconciliated. ||7||	(ਉਹੀ ਪਛਾਣਦਾ ਹੈ) ਜੋ ਗੁਰਮੁਖਾਂ ਦੀ ਸੰਗਤਿ ਵਿਚ ਮਿਲਦਾ ਹੈ, ਤੇ ਉਸ ਦਾ ਮਨ (ਸਿਮਰਨ ਵਿਚ) ਗਿੱਝ ਜਾਂਦਾ ਹੈ ॥੭॥
9935	228	ਹਮ ਪਾਪੀ ਨਿਰਗੁਣ ਕਉ ਗੁਣੁ ਕਰੀਐ॥		Ham Paapee Niragun Ko Gun Kareeai ||	I am a worthless sinner, without merit. What merit do I have?	ਹੇ ਪ੍ਰਭੂ! ਅਸੀਂ ਜੀਵ ਵਿਕਾਰੀ ਹਾਂ, ਗੁਣ-ਹੀਣ ਹਾਂ (ਆਪਣਾ ਨਾਮ ਸਿਮਰਨ ਦਾ) ਗੁਣ ਤੂੰ ਆਪ ਸਾਨੂੰ ਬਖ਼ਸ਼।
9936	228	ਪ੍ਰਭ ਹੋਇ ਦਇਆਲੁ ਨਾਨਕ ਜਨ ਤਰੀਐ॥੮॥੧੬॥		Prabh Hoe Dhaeiaal Naanak Jan Thareeai ||8||16||	When God showers His Mercy, servant Nanak is emancipated. ||8||16||	ਹੇ ਨਾਨਕ! (ਆਖ-) ਹੇ ਪ੍ਰਭੂ! ਤੂੰ ਦਇਆਲ ਹੋ ਕੇ (ਜਦੋਂ ਨਾਮ ਦੀ ਦਾਤ ਬਖ਼ਸ਼ਦਾ ਹੈਂ, ਤਦੋਂ) ਤੇਰੇ ਦਾਸ (ਸੰਸਾਰ- ਸਮੁੰਦਰ ਤੋਂ) ਪਾਰ ਲੰਘ ਸਕਦੇ ਹਨ ॥੮॥੧੬॥
9937	228	ਸੋਲਹ ਅਸਟਪਦੀਆ ਗੁਆਰੇਰੀ ਗਉੜੀ ਕੀਆ॥		Soleh Asattapadheeaa Guaaraeree Gourree Keeaa ||	Sixteen Ashtapadees Of Gwaarayree Gauree||	

9938	228	ਗਉੜੀ ਬੈਰਾਗਣਿ ਮਹਲਾ ੧		Gourree Bairaagan Mehalaa 1	Gauree Bairaagan, First Mehl:	ਰਾਗ ਗਉੜੀ-ਬੇਰਾਗਣਿ ਵਿੱਚ ਗੁਰੂ ਨਾਨਕ ਜੀ ਦੀ ਬਾਣੀ।
9939	228	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
9940	228	ਜਿਉ ਗਾਈ ਕਉ ਗੋਇਲੀ ਰਾਖਹਿ ਕਰਿ ਸਾਰਾ॥	(ਗੋਇਲੀ) ਗਾਈਆਂ ਚਾਰਨ ਵਾਲਾ। (ਸਾਰਾ) ਸੰਭਾਲ	Jio Gaaee Ko Goeilee Raakhehi Kar Saaraa ||	As the dairy farmer watches over and protects his cows, so does the Lord cherish and protect us, night and day. He blesses the soul with peace. ||1||	ਜਿਵੇਂ ਗੁਆਲਾ ਗਾਈਆਂ ਦੀ ਰਾਖੀ ਕਰਦਾ ਹੈ, ਤਿਵੇਂ ਤੂੰ ਸੰਭਾਲ ਕਰ ਕੇ (ਜੀਵਾਂ ਦੀ) ਰਾਖੀ ਕਰਦਾ ਹੈਂ।
9941	228	ਅਹਿ ਨਿਸਿ ਪਾਲਹਿ ਰਾਖਿ ਲੇਹਿ ਆਤਮ ਸੁਖੁ ਧਾਰਾ॥੧॥	(ਧਾਰਾ) ਬਖ਼ਸ਼ਦੇ ਹੋਂ	Ahinis Paalehi Raakh Laehi Aatham Sukh Dhhaaraa ||1||	Please protect me here and hereafter, O Lord, Merciful to the meek.	ਤੂੰ ਦਿਨ ਰਾਤ ਜੀਵਾਂ ਨੂੰ ਪਾਲਦਾ ਹੈਂ, ਰਾਖੀ ਕਰਦਾ ਹੈਂ ਤੇ, ਆਤਮਕ ਸੁਖ ਬਖ਼ਸ਼ਦਾ ਹੈਂ ॥੧॥
9942	228	ਇਤ ਉਤ ਰਾਖਹੁ ਦੀਨ ਦਇਆਲਾ॥		Eith Outh Raakhahu Dheen Dhaeiaalaa ||	I seek Your Sanctuary; please bless me with Your Glance of Grace. ||1||Pause||	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! ਲੋਕ ਪਰਲੋਕ ਵਿਚ (ਮੇਰੀ) ਰੱਖਿਆ ਕਰ।

9943	228	ਤਉ ਸਰਣਾਗਤਿ ਨਦਰਿ ਨਿਹਾਲਾ॥੧॥ਰਹਾਉ ॥	ਸਰਣਾ-ਗਤਿ	Tho Saranaagath Nadhar Nihaalaa ||1|| Rehaao ||	Wherever I look, there You are. Save me, O Savior Lord!	(ਮੈਂ) ਤੇਰੀ ਸਰਨ ਆਇਆ ਹਾਂ, ਮਿਹਰ ਦੀ ਨਿਗਾਹ ਨਾਲ (ਮੇਰੇ ਵਲ) ਵੇਖ! ॥੧॥ ਰਹਾਉ ॥
9944	228	ਜਹ ਦੇਖਉ ਤਹ ਰਵਿ ਰਹੇ ਰਖੁ ਰਾਖਨਹਾਰਾ॥		Jeh Dhaekho Theh Rav Rehae Rakh Raakhanehaaraa ||	You are the Giver, and You are the Enjoyer;	ਹੇ ਰੱਖਣਹਾਰ ਪ੍ਰਭੂ! ਮੈਂ ਜਿਧਰ ਤੱਕਦਾ ਹਾਂ ਉਧਰ ਹੀ (ਹਰ ਥਾਂ) ਤੂੰ ਮੌਜੂਦ ਹੈਂ, ਤੇ ਸਭ ਦਾ ਰਾਖਾ ਹੈਂ।
9945	228	ਤੂੰ ਦਾਤਾ ਭੁਗਤਾ ਤੂੰਹੈ ਤੂੰ ਪ੍ਰਾਣ ਅਧਾਰਾ॥੨॥	ਬ੍ਰਹਮਾਨੰਦ ਰਸ ਦੇ ਦਾਤੇ ਤੇ (ਭੁਗਤਾ) ਭੋਗਣ ਵਾਲੇ	Thoon Dhaathaa Bhugathaa Thoonhai Thoon Praan Adhhaaraa ||2||	You are the Support of the breath of life. ||2||	ਤੂੰ ਆਪ ਹੀ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈਂ ਤੇ (ਸਭ ਜੀਵਾਂ ਵਿਚ ਵਿਆਪਕ ਹੋ ਕੇ) ਆਪ ਹੀ ਭੋਗਣ ਵਾਲਾ ਹੈਂ, ਤੂੰ ਹੀ ਸਭ ਦੀ ਜ਼ਿੰਦਗੀ ਦਾ ਆਸਰਾ ਹੈਂ ॥੨॥
9946	228	ਕਿਰਤੁ ਪਇਆ ਅਧ ਊਰਧੀ ਬਿਨੁ ਗਿਆਨ ਬੀਚਾਰਾ॥	ਅਧ:ਪੋਲਾ ਬੋਲੋ। (ਅਧ) ਹੇਠਾਂ। (ਊਰਧੀ) ਉੱਪਰ	Kirath Paeiaa Adhh Ooradhhee Bin Giaan Beechaaraa ||	According to the karma of past actions, people descend to the depths or rise to the heights, unless they contemplate spiritual wisdom.	(ਇਸ) ਗਿਆਨ ਤੋਂ ਬਿਨਾ, ਵਿਚਾਰ ਤੋਂ ਬਿਨਾ, ਜੀਵ ਆਪਣੇ ਕੀਤੇ ਕਰਮਾਂ ਦੇ ਇਕੱਠੇ ਹੋਏ ਸੰਸਕਾਰਾਂ ਦੇ ਅਧੀਨ ਕਦੇ ਪਾਤਾਲ ਵਿਚ ਡਿੱਗਦਾ ਹੈ ਕਦੇ ਆਕਾਸ਼ ਵਲ ਚੜ੍ਹਦਾ ਹੈ (ਕਦੇ ਦੁਖੀ ਕਦੇ ਸੁਖੀ)।

9947	228	ਬਿਨੁ ਉਪਮਾ ਜਗਦੀਸ ਕੀ ਬਿਨਸੈ ਨ ਅੰਧਿਆਰਾ॥੩॥	(ਬਿਨਸੈ) ਨਾਸ। ਜੱਗਦੀਸ	Bin Oupamaa Jagadhees Kee Binasai N Andhhiaaraa ||3||	Without the Praises of the Lord of the Universe, the darkness is not dispelled. ||3||	ਪ੍ਰਭੂ ਦੀ ਸਿਫ਼ਤ-ਸਾਲਾਹ ਕਰਨ ਤੋਂ ਬਿਨਾ ਜੀਵ ਦੀ ਅਗਿਆਨਤਾ ਮਿਟਦੀ ਨਹੀਂ ॥੩॥
9948	228	ਜਗੁ ਬਿਨਸਤ ਹਮ ਦੇਖਿਆ ਲੋਭੇ ਅਹੰਕਾਰਾ॥	ਜੱਗੁ। ਅਹੰ-ਕਾਰਾ	Jag Binasath Ham Dhaekhiaa Lobhae Ahankaaraa ||	I have seen the world being destroyed by greed and egotism.	ਨਿੱਤ ਦੇਖੀਦਾ ਹੈ ਕਿ ਜਗਤ ਲੋਭ ਤੇ ਅਹੰਕਾਰ ਦੇ ਵੱਸ ਹੋ ਕੇ ਆਤਮਕ ਮੌਤੇ ਮਰਦਾ ਰਹਿੰਦਾ ਹੈ।
9949	228	ਗੁਰ ਸੇਵਾ ਪ੍ਰਭੁ ਪਾਇਆ ਸਚੁ ਮੁਕਤਿ ਦੁਆਰਾ॥੪॥		Gur Saevaa Prabh Paaeiaa Sach Mukath Dhuaaraa ||4||	Only by serving the Guru is God obtained, and the true gate of liberation found. ||4||	ਗੁਰੂ ਦੀ ਦੱਸੀ ਸੇਵਾ ਕੀਤਿਆਂ ਸਦਾ-ਥਿਰ ਪ੍ਰਭੂ ਮਿਲ ਪੈਂਦਾ ਹੈ, ਤੇ (ਲੋਭ ਅਹੰਕਾਰ ਤੋਂ) ਖ਼ਲਾਸੀ ਦਾ ਰਸਤਾ ਲੱਭ ਪੈਂਦਾ ਹੈ ॥੪॥
9950	228	ਨਿਜ ਘਰਿ ਮਹਲੁ ਅਪਾਰ ਕੋ ਅਪਰੰਪਰੁ ਸੋਈ॥	(ਅਪ-ਰੰਪਰੁ) ਬੇਅੰਤ	Nij Ghar Mehal Apaar Ko Aparanpar Soee ||	The Mansion of the Infinite Lord's Presence is within the home of one's own being. He is beyond any boundaries.	ਬੇਅੰਤ ਪਰਮਾਤਮਾ ਦਾ ਟਿਕਾਣਾ ਆਪਣੇ ਆਪੇ ਵਿਚ ਹੈ, ਉਹ ਪ੍ਰਭੂ (ਲੋਭ ਅਹੰਕਾਰ ਆਦਿਕ ਦੇ ਪ੍ਰਭਾਵ ਤੋਂ) ਪਰੇ ਤੋਂ ਪਰੇ ਹੈ।

9951	228	ਬਿਨੁ ਸਬਦੈ ਥਿਰੁ ਕੋ ਨਹੀ ਬੂਝੈ ਸੁਖੁ ਹੋਈ॥੫॥	ਬੂੱਝੈ	Bin Sabadhai Thhir Ko Nehee Boojhai Sukh Hoee ||5||	Without the Word of the Shabad, nothing shall endure. Through understanding, peace is obtained. ||5||	ਕੋਈ ਭੀ ਜੀਵ ਗੁਰੂ ਦੇ ਸ਼ਬਦ (ਵਿਚ ਜੁੜਨ) ਤੋਂ ਬਿਨਾ (ਉਸ ਸਰੂਪ ਵਿਚ) ਸਦਾ-ਟਿਕਵਾਂ ਨਹੀਂ ਹੋ ਸਕਦਾ। ਜੇਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਸਮਝਦਾ ਹੈ, ਉਸ ਨੂੰ ਆਤਮਕ ਆਨੰਦ ਮਿਲਦਾ ਹੈ ॥੫॥
9952	228	ਕਿਆ ਲੈ ਆਇਆ ਲੇ ਜਾਇ ਕਿਆ ਫਾਸਹਿ ਜਮ ਜਾਲਾ॥	ਜੱਾਲਾ	Kiaa Lai Aaeiaa Lae Jaae Kiaa Faasehi Jam Jaalaa ||	What have you brought, and what will you take away, when you are caught by the noose of Death?	ਹੇ ਜੀਵ! ਨਾਹ ਤੂੰ ਕੋਈ ਧਨ-ਪਦਾਰਥ ਆਪਣੇ ਨਾਲ ਲੈ ਕੇ (ਜਗਤ ਵਿਚ) ਆਇਆ ਸੀ, ਤੇ ਨਾਹ ਹੀ (ਇਥੋਂ ਕੋਈ ਮਾਲ-ਧਨ) ਲੈ ਕੇ ਜਾਵੇਂਗਾ। (ਵਿਅਰਥ ਹੀ ਮਾਇਆ-ਮੋਹ ਦੇ ਕਾਰਨ) ਜਮ ਦੇ ਜਾਲ ਵਿਚ ਫਸ ਰਿਹਾ ਹੈਂ।
9953	228	ਡੋਲੁ ਬਧਾ ਕਸਿ ਜੇਵਰੀ ਆਕਾਸਿ ਪਤਾਲਾ॥੬॥	ਖੂਹ ਦੇ (ਜੇਵਰੀ) ਰੱਸੀ ਨਾਲ (ਕਸਿ) ਕਸ ਕੇ (ਬੱਧਾ) ਬੱਧੇ ਡੋਲੁ ਵਾਂਗ। ਕਸਿ: ਪੋਲਾ ਬੋਲੋ	Ddol Badhhaa Kas Jaevaree Aakaas Pathaalaa ||6||	Like the bucket tied to the rope in the well, you are pulled up to the Akaashic Ethers, and then lowered down to the nether regions of the underworld. ||6||	ਜਿਵੇਂ ਰੱਸੀ ਨਾਲ ਬੱਧਾ ਹੋਇਆ ਡੋਲ (ਕਦੇ ਖੂਹ ਦੇ ਵਿਚ ਜਾਂਦਾ ਹੈ ਕਦੇ ਬਾਹਰ ਆ ਜਾਂਦਾ ਹੈ, ਤਿਵੇਂ ਤੂੰ ਕਦੇ) ਆਕਾਸ਼ ਵਿਚ ਚੜ੍ਹਦਾ ਹੈਂ ਕਦੇ ਪਾਤਾਲ ਵਿਚ ਡਿੱਗਦਾ ਹੈਂ ॥੬॥

9954	228	ਗੁਰਮਤਿ ਨਾਮੁ ਨ ਵੀਸਰੈ ਸਹਜੇ ਪਤਿ ਪਾਈਐ॥	ਪਤਿ: ਪੋਲਾ ਬੋਲੋ	Guramath Naam N Veesarai Sehajae Path Paaeeai ||	Follow the Guru's Teachings, and do not forget the Naam, the Name of the Lord; you shall automatically obtain honor.	(ਹੇ ਜੀਵ!) ਜੇ ਗੁਰੂ ਦੀ ਮਤਿ ਲੈ ਕੇ ਕਦੇ ਪਰਮਾਤਮਾ ਦਾ ਨਾਮ ਨਾਹ ਭੁੱਲੇ, ਤਾਂ (ਨਾਮ ਦੀ ਬਰਕਤਿ ਨਾਲ) ਅਡੋਲ ਅਵਸਥਾ ਵਿਚ ਟਿਕ ਕੇ (ਪ੍ਰਭੂ ਦੇ ਦਰ ਤੇ) ਇੱਜ਼ਤ ਪ੍ਰਾਪਤ ਕਰ ਲਈਦੀ ਹੈ।
9955	228	ਅੰਤਰਿ ਸਬਦੁ ਨਿਧਾਨੁ ਹੈ ਮਿਲਿ ਆਪੁ ਗਵਾਈਐ॥੭॥		Anthar Sabadh Nidhhaan Hai Mil Aap Gavaaeeai ||7||	Deep within the self is the treasure of the Shabad; it is obtained only by eradicating selfishness and conceit. ||7||	ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਦਾ ਸ਼ਬਦ-ਰੂਪ ਖ਼ਜ਼ਾਨਾ ਹੈ (ਉਹ ਪ੍ਰਭੂ ਨੂੰ ਮਿਲ ਪੈਂਦਾ ਹੈ)। (ਪ੍ਰਭੂ ਨੂੰ) ਮਿਲ ਕੇ ਆਪਾ-ਭਾਵ ਗਵਾ ਸਕੀਦਾ ਹੈ ॥੭॥
9956	228	ਨਦਰਿ ਕਰੇ ਪ੍ਰਭੁ ਆਪਣੀ ਗੁਣ ਅੰਕਿ ਸਮਾਵੈ॥	(ਅੰਕਿ) ਹਿਰਦੇ ਚ	Nadhar Karae Prabh Aapanee Gun Ank Samaavai ||	When God bestows His Glance of Grace, people settle in the Lap of the Virtuous Lord.	ਜਿਸ ਜੀਵ ਉਤੇ ਪ੍ਰਭੂ ਆਪਣੀ ਮਿਹਰ ਦੀ ਨਜ਼ਰ ਕਰਦਾ ਹੈ (ਉਸ ਨੂੰ ਆਪਣੇ) ਗੁਣ (ਬਖ਼ਸ਼ਦਾ ਹੈ, ਤੇ ਗੁਣਾਂ ਦੀ ਬਰਕਤਿ ਨਾਲ ਉਹ ਪ੍ਰਭੂ ਦੇ) ਅੰਕ ਵਿਚ ਲੀਨ ਹੋ ਜਾਂਦਾ ਹੈ।
9957	228	ਨਾਨਕ ਮੇਲੁ ਨ ਚੂਕਈ ਲਾਹਾ ਸਚੁ ਪਾਵੈ॥੮॥੧॥੧੭॥	(ਚੂਕਈ) ਟੁੱਟਦਾ	Naanak Mael N Chookee Laahaa Sach Paavai ||8||1||17||	O Nanak, this Union cannot be broken; the true profit is obtained. ||8||1||17||	ਹੇ ਨਾਨਕ! ਉਸ ਜੀਵ ਦਾ ਪਰਮਾਤਮਾ ਨਾਲ ਬਣਿਆ ਮਿਲਾਪ ਕਦੇ ਟੁੱਟਦਾ ਨਹੀਂ, ਉਹ ਜੀਵ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਲਾਭ ਖੱਟ ਲੈਂਦਾ ਹੈ ॥੮॥੧॥੧੭॥
9958	229	ਗਉੜੀ ਮਹਲਾ ੧॥		Gourree Mehalaa 1 ||	Gauree, First Mehl:	

9959	229	ਗੁਰ ਪਰਸਾਦੀ ਬੂਝਿ ਲੇ ਤਉ ਹੋਇ ਨਿਬੇਰਾ॥	ਬੂੱਝਿ	Gur Parasaadhee Boojh Lae Tho Hoe Nibaeraa ||	By Guru's Grace one comes to understand and then, the account is settled.	(ਹੇ ਭਾਈ!) ਮਾਇਆ ਦੇ ਪ੍ਰਭਾਵ ਤੋਂ ਪੈਦਾ ਹੋਏ ਆਤਮਕ ਹਨੇਰੇ ਵਿਚੋਂ ਤੇਰੀ ਖ਼ਲਾਸੀ ਤਾਂ ਹੋਇਗੀ,
9960	229	ਘਰਿ ਘਰਿ ਨਾਮੁ ਨਿਰੰਜਨਾ ਸੋ ਠਾਕੁਰੁ ਮੇਰਾ॥੧॥		Ghar Ghar Naam Niranjanaa So Thaakur Maeraa ||1||	In each and every heart is the Name of the Immaculate Lord; He is my Lord and Master. ||1||	ਜੇ ਤੂੰ ਗੁਰੂ ਦੀ ਕਿਰਪਾ ਨਾਲ ਇਹ ਗੱਲ ਸਮਝ ਲਏਂ ਕਿ ਮਾਇਆ-ਰਹਿਤ ਪ੍ਰਭੂ ਦਾ ਨਾਮ ਹਰੇਕ ਹਿਰਦੇ-ਘਰ ਵਿਚ ਵੱਸਦਾ ਹੈ ਤੇ ਉਹੀ ਨਿਰੰਜਨ ਮੇਰਾ ਭੀ ਪਾਲਣ-ਹਾਰ ਮਾਲਕ ਹੈ ॥੧॥
9961	229	ਬਿਨੁ ਗੁਰ ਸਬਦ ਨ ਛੂਟੀਐ ਦੇਖਹੁ ਵੀਚਾਰਾ॥		Bin Gur Sabadh N Shhootteeai Dhaekhahu Veechaaraa ||	Without the Word of the Guru's Shabad, no one is emancipated. See this, and reflect upon it.	(ਮਾਇਆ ਦੇ ਮੋਹ ਨੇ ਜੀਵਾਂ ਦੀਆਂ ਆਤਮਕ ਅੱਖਾਂ ਅੱਗੇ ਹਨੇਰਾ ਖੜਾ ਕਰ ਦਿੱਤਾ ਹੈ, ਹੇ ਭਾਈ!) ਵਿਚਾਰ ਕੇ ਵੇਖ ਲਵੋ, ਗੁਰੂ ਦੇ ਸ਼ਬਦ ਤੋਂ ਬਿਨਾ (ਇਸ ਆਤਮਕ ਹਨੇਰੇ ਤੋਂ) ਖ਼ਲਾਸੀ ਨਹੀਂ ਹੋ ਸਕਦੀ।
9962	229	ਜੇ ਲਖ ਕਰਮ ਕਮਾਵਹੀ ਬਿਨੁ ਗੁਰ ਅੰਧਿਆਰਾ॥੧॥ਰਹਾਉ॥	ਲੱਖ	Jae Lakh Karam Kamaavehee Bin Gur Andhhiaaraa ||1|| Rehaao ||	Even though you may perform hundreds of thousands of rituals, without the Guru, there is only darkness. ||1||Pause||	(ਹੇ ਭਾਈ!) ਜੇ ਤੂੰ ਲੱਖਾਂ ਹੀ ਧਰਮ-ਕਰਮ ਕਰਦਾ ਰਹੇਂ, ਤਾਂ ਭੀ ਗੁਰੂ ਦੀ ਸਰਨ ਆਉਣ ਤੋਂ ਬਿਨਾ ਇਹ ਆਤਮਕ ਹਨੇਰਾ (ਟਿਕਿਆ ਹੀ ਰਹੇਗਾ) ॥੧॥ ਰਹਾਉ ॥

9963	229	ਅੰਧੇ ਅਕਲੀ ਬਾਹਰੇ ਕਿਆ ਤਿਨ ਸਿਉ ਕਹੀਐ॥		Andhhae Akalee Baaharae Kiaa Thin Sio Keheeai ||	What can you say, to one who is blind and without wisdom?	ਜਿਨ੍ਹਾਂ ਬੰਦਿਆਂ ਨੂੰ ਮਾਇਆ ਦੇ ਮੋਹ ਨੇ ਅੰਨ੍ਹਾ ਕਰ ਦਿੱਤਾ ਹੈ ਤੇ ਅਕਲ-ਹੀਣ ਕਰ ਦਿੱਤਾ ਹੈ, ਉਹਨਾਂ ਨੂੰ ਇਹ ਸਮਝਾਣ ਦਾ ਕੋਈ ਲਾਭ ਨਹੀਂ।
9964	229	ਬਿਨੁ ਗੁਰ ਪੰਥੁ ਨ ਸੂਝਈ ਕਿਤੁ ਬਿਧਿ ਨਿਰਬਹੀਐ॥੨॥	(ਪੰਥੁ) ਰਸਤਾ। (ਨਿਰ-ਬਹੀਐ) ਨਿਰਬਾਹ ਹੋਵੇ। ਸੂੱਝਈ। ਬਿਧਿ: ਪੋਲਾ ਬੋਲੋ	Bin Gur Panthh N Soojhee Kith Bidhh Nirabeheeai ||2||	Without the Guru, the Path cannot be seen. How can anyone proceed? ||2||	ਗੁਰੂ ਦੀ ਸਰਨ ਤੋਂ ਬਿਨਾ ਉਹਨਾਂ ਨੂੰ ਜੀਵਨ ਦਾ ਸਹੀ ਰਸਤਾ ਲੱਭ ਨਹੀਂ ਸਕਦਾ, ਸਹੀ ਜੀਵਨ-ਰਾਹ ਦੇ ਰਾਹੀ ਦਾ ਉਹਨਾਂ ਨਾਲ ਕਿਸੇ ਤਰ੍ਹਾਂ ਭੀ ਸਾਥ ਨਹੀਂ ਨਿਭ ਸਕਦਾ ॥੨॥
9965	229	ਖੋਟੇ ਕਉ ਖਰਾ ਕਹੈ ਖਰੇ ਸਾਰ ਨ ਜਾਣੈ॥	(ਸਾਰ) ਖਬਰ	Khottae Ko Kharaa Kehai Kharae Saar N Jaanai ||	He calls the counterfeit genuine, and does not know the value of the genuine.	ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮਨੁੱਖ ਉਸ ਧਨ ਨੂੰ ਜੋ ਪ੍ਰਭੂ ਦੀ ਦਰਗਾਹ ਵਿਚ ਮੁੱਲ ਨਹੀਂ ਪਾਂਦਾ ਅਸਲ ਧਨ ਆਖਦਾ ਹੈ, ਪਰ (ਜੇਹੜਾ ਨਾਮ-ਧਨ) ਅਸਲ ਧਨ (ਹੈ ਉਸ) ਦੀ ਕਦਰ ਹੀ ਨਹੀਂ ਸਮਝਦਾ।
9966	229	ਅੰਧੇ ਕਾ ਨਾਉ ਪਾਰਖੂ ਕਲੀ ਕਾਲ ਵਿਡਾਣੈ॥੩॥	(ਵਿਡਾਣੈ) ਅਸਚਰਜ। ਕਲੀ: ਪੋਲਾ ਬੋਲੋ	Andhhae Kaa Naao Paarakhoo Kalee Kaal Viddaanai ||3||	The blind man is known as an appraiser; this Dark Age of Kali Yuga is so strange! ||3||	ਮਾਇਆ ਵਿਚ ਅੰਨ੍ਹੇ ਹੋਏ ਮਨੁੱਖ ਨੂੰ ਸਿਆਣਾ ਆਖਿਆ ਜਾ ਰਿਹਾ ਹੈ-ਇਹ ਅਸਚਰਜ ਚਾਲ ਹੈ ਦੁਨੀਆ ਦੀ ਸਮੇ ਦੀ ॥੩॥

9967	229	ਸੂਤੇ ਕਉ ਜਾਗਤੁ ਕਹੈ ਜਾਗਤ ਕਉ ਸੂਤਾ॥		Soothae Ko Jaagath Kehai Jaagath Ko Soothaa ||	The sleeper is said to be awake, and those who are awake are like sleepers.	ਮਾਇਆ ਦੇ ਮੋਹ ਦੀ ਨੀਂਦ ਵਿਚ ਸੁੱਤੇ ਪਏ ਨੂੰ ਜਗਤ ਆਖਦਾ ਹੈ ਕਿ ਇਹ ਜਾਗਦਾ ਹੈ ਸੁਚੇਤ ਹੈ, ਪਰ ਜੇਹੜਾ ਮਨੁੱਖ (ਪਰਮਾਤਮਾ ਦੀ ਯਾਦ ਵਿਚ) ਜਾਗਦਾ ਹੈ ਸੁਚੇਤ ਹੈ, ਉਸ ਨੂੰ ਆਖਦਾ ਹੈ ਕਿ ਸੁੱਤਾ ਪਿਆ ਹੈ।
9968	229	ਜੀਵਤ ਕਉ ਮੂਆ ਕਹੈ ਮੂਏ ਨਹੀ ਰੋਤਾ॥੪॥		Jeevath Ko Mooaa Kehai Mooeae Nehee Rothaa ||4||	The living are said to be dead, and no one mourns for those who have died. ||4||	ਪ੍ਰਭੂ ਦੀ ਭਗਤੀ ਦੀ ਬਰਕਤਿ ਨਾਲ ਜੀਉਂਦੇ ਆਤਮਕ ਜੀਵਨ ਵਾਲੇ ਨੂੰ ਜਗਤ ਆਖਦਾ ਹੈ ਕਿ ਇਹ ਸਾਡੇ ਭਾ ਦਾ ਮੋਇਆ ਹੋਇਆ ਹੈ। ਪਰ ਆਤਮਕ ਮੌਤੇ ਮਰੇ ਹੋਏ ਨੂੰ ਵੇਖ ਕੇ ਕੋਈ ਅਫ਼ਸੋਸ ਨਹੀਂ ਕਰਦਾ ॥੪॥
9969	229	ਆਵਤ ਕਉ ਜਾਤਾ ਕਹੈ ਜਾਤੇ ਕਉ ਆਇਆ॥		Aavath Ko Jaathaa Kehai Jaathae Ko Aaeiaa ||	One who is coming is said to be going, and one who is gone is said to have come.	ਪਰਮਾਤਮਾ ਦੇ ਰਸਤੇ ਉਤੇ ਆਉਣ ਵਾਲੇ ਨੂੰ ਜਗਤ ਆਖਦਾ ਹੈ ਕਿ ਇਹ ਗਿਆ-ਗੁਜ਼ਰਿਆ ਹੈ, ਪਰ ਪ੍ਰਭੂ ਵਲੋਂ ਗਏ-ਗੁਜ਼ਰੇ ਨੂੰ ਜਗਤ ਸਮਝਦਾ ਹੈ ਕਿ ਇਸੇ ਦਾ ਜਗਤ ਵਿਚ ਆਉਣਾ ਸਫਲ ਹੋਇਆ ਹੈ।

9970	229	ਪਰ ਕੀ ਕਉ ਅਪੁਨੀ ਕਹੈ ਅਪੁਨੋ ਨਹੀ ਭਾਇਆ ॥੫॥		Par Kee Ko Apunee Kehai Apuno Nehee Bhaaeiaa ||5||	That which belongs to others, he calls his own, but he has no liking for that which is his. ||5||	ਜਿਸ ਮਾਇਆ ਨੇ ਦੂਜੇ ਦੀ ਬਣ ਜਾਣਾ ਹੈ ਉਸ ਨੂੰ ਜਗਤ ਆਪਣੀ ਆਖਦਾ ਹੈ, ਪਰ ਜੇਹੜਾ ਨਾਮ-ਧਨ ਅਸਲ ਵਿਚ ਆਪਣਾ ਹੈ ਉਹ ਚੰਗਾ ਨਹੀਂ ਲੱਗਦਾ ॥੫॥
9971	229	ਮੀਠੇ ਕਉ ਕਉੜਾ ਕਹੈ ਕੜੂਏ ਕਉ ਮੀਠਾ॥		Meethae Ko Kourraa Kehai Karrooeae Ko Meethaa ||	That which is sweet is said to be bitter, and the bitter is said to be sweet.	ਨਾਮ-ਰਸ ਹੋਰ ਸਾਰੇ ਰਸਾਂ ਨਾਲੋਂ ਮਿੱਠਾ ਹੈ, ਇਸ ਨੂੰ ਜਗਤ ਕੌੜਾ ਆਖਦਾ ਹੈ। ਵਿਸ਼ਿਆਂ ਦਾ ਰਸ (ਅੰਤ ਨੂੰ) ਕੌੜਾ (ਦੁਖਦਾਈ ਸਾਬਤ ਹੁੰਦਾ) ਹੈ, ਇਸ ਨੂੰ ਜਗਤ ਸੁਆਦਲਾ ਕਹਿ ਰਿਹਾ ਹੈ।
9972	229	ਰਾਤੇ ਕੀ ਨਿੰਦਾ ਕਰਹਿ ਐਸਾ ਕਲਿ ਮਹਿ ਡੀਠਾ॥੬॥	ਰਾੱਤੇ	Raathae Kee Nindhaa Karehi Aisaa Kal Mehi Ddeethaa ||6||	One who is imbued with the Lord's Love is slandered - his is what I have seen in this Dark Age of Kali Yuga. ||6||	ਪ੍ਰਭੂ ਦੇ ਨਾਮ-ਰੰਗ ਵਿਚ ਰੰਗੇ ਹੋਏ ਦੀ ਲੋਕ-ਨਿੰਦਾ ਕਰਦੇ ਹਨ। ਜਗਤ ਵਿਚ ਇਹ ਅਚਰਜ ਤਮਾਸ਼ਾ ਵੇਖਣ ਵਿਚ ਆ ਰਿਹਾ ਹੈ ॥੬॥
9973	229	ਚੇਰੀ ਕੀ ਸੇਵਾ ਕਰਹਿ ਠਾਕੁਰੁ ਨਹੀ ਦੀਸੈ॥		Chaeree Kee Saevaa Karehi Thaakur Nehee Dheesai ||	He serves the maid, and does not see his Lord and Master.	ਲੋਕ ਪਰਮਾਤਮਾ ਦੀ ਦਾਸੀ (ਮਾਇਆ) ਦੀ ਤਾਂ ਸੇਵਾ-ਖ਼ੁਸ਼ਾਮਦ ਕਰ ਰਹੇ ਹਨ, ਪਰ (ਮਾਇਆ ਦਾ) ਮਾਲਕ ਕਿਸੇ ਨੂੰ ਦਿੱਸਦਾ ਹੀ ਨਹੀ।

9974	229	ਪੋਖਰੁ ਨੀਰੁ ਵਿਰੋਲੀਐ ਮਾਖਨੁ ਨਹੀ ਰੀਸੈ॥੭॥	(ਪੋਖਰੁ) ਛੱਪੜ ਦਾ ਪਾਣੀ। (ਰੀਸੈ) ਨਿੱਕਲਦਾ	Pokhar Neer Viroleeai Maakhan Nehee Reesai ||7||	Churning the water in the pond, no butter is produced. ||7||	(ਮਾਇਆ ਵਿਚੋਂ ਸੁਖ ਲੱਭਣਾ ਇਉਂ ਹੈ ਜਿਵੇਂ ਪਾਣੀ ਰਿੜਕ ਕੇ ਉਸ ਵਿਚੋਂ ਮੱਖਣ ਲੱਭਣਾ)। ਜੇ ਛੱਪੜ ਨੂੰ ਰਿੜਕੀਏ, ਜੇ ਪਾਣੀ ਰਿੜਕੀਏ, ਉਸ ਵਿਚੋਂ ਮੱਖਣ ਨਹੀਂ ਨਿਕਲ ਸਕਦਾ ॥੭॥
9975	229	ਇਸੁ ਪਦ ਜੋ ਅਰਥਾਇ ਲੇਇ ਸੋ ਗੁਰੂ ਹਮਾਰਾ॥	ਲੇ-ਇ	Eis Padh Jo Arathhaae Laee So Guroo Hamaaraa ||	One who understands the meaning of this verse is my Guru.	ਆਪਾ ਪਛਾਣਨ ਦੇ ਆਤਮਕ ਦਰਜੇ ਨੂੰ ਜੇਹੜਾ ਮਨੁੱਖ ਪ੍ਰਾਪਤ ਕਰ ਲੈਂਦਾ ਹੈ, ਮੈਂ ਉਸ ਅੱਗੇ ਆਪਣਾ ਸਿਰ ਨਿਵਾਂਦਾ ਹਾਂ।
9976	229	ਨਾਨਕ ਚੀਨੈ ਆਪ ਕਉ ਸੋ ਅਪਰ ਅਪਾਰਾ॥੮॥	(ਚੀਨੈ) ਜਾਣੇ	Naanak Cheenai Aap Ko So Apar Apaaraa ||8||	O Nanak, one who knows his own self, is infinite and incomparable. ||8||	ਹੇ ਨਾਨਕ! ਜੇਹੜਾ ਮਨੁੱਖ ਆਪਣੇ ਅਸਲੇ ਨੂੰ ਪਛਾਣ ਲੈਂਦਾ ਹੈ, ਉਹ ਉਸ ਪਰਮਾਤਮਾ ਦਾ ਰੂਪ ਬਣ ਜਾਂਦਾ ਹੈ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ ਅਤੇ ਜਿਸ ਦੇ ਗੁਣਾਂ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ ॥੮॥
9977	229	ਸਭੁ ਆਪੇ ਆਪਿ ਵਰਤਦਾ ਆਪੇ ਭਰਮਾਇਆ॥		Sabh Aapae Aap Varathadhaa Aapae Bharamaaeiaa ||	He Himself is All-pervading; He Himself misleads the people.	(ਪਰ ਮਾਇਆ ਵਿਚ ਤੇ ਜੀਵਾਂ ਵਿਚ) ਸਭ ਥਾਂ ਪਰਮਾਤਮਾ ਆਪ ਹੀ ਆਪ ਵਿਆਪਕ ਹੈ, ਆਪ ਹੀ ਜੀਵਾਂ ਨੂੰ ਕੁਰਾਹੇ ਪਾਂਦਾ ਹੈ।

9978	229	ਗੁਰ ਕਿਰਪਾ ਤੇ ਬੂਝੀਐ ਸਭੁ ਬ੍ਰਹਮੁ ਸਮਾਇਆ॥੯॥੨॥੧੮॥	ਬੂੱਝੀਐ	Gur Kirapaa Thae Boojheeai Sabh Breham Samaaeiaa ||9||2||18||	By Guru's Grace, one comes to understand, that God is contained in all. ||9||2||18||	ਗੁਰੂ ਦੀ ਮਿਹਰ ਨਾਲ ਹੀ ਇਹ ਸਮਝ ਪੈਂਦੀ ਹੈ ਕਿ ਪਰਮਾਤਮਾ ਹਰੇਕ ਥਾਂ ਮੌਜੂਦ ਹੈ ॥੯॥੨॥੧੮॥
9979	229	ਰਾਗੁ ਗਉੜੀ ਗੁਆਰੇਰੀ ਮਹਲਾ ੩ ਅਸਟਪਦੀਆ	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Raag Gourree Guaaraeree Mehalaa 3 Asattapadheeaa	Raag Gauree Gwaarayree, Third Mehl, Ashtapadees:	ਰਾਗ ਗਉੜੀ-ਗੁਆਰੇਰੀ ਵਿੱਚ ਗੁਰੂ ਅਮਰਦਾਸ ਜੀ ਦੀ ਅੱਠ-ਪਦਿਆਂ ਵਾਲੀ ਬਾਣੀ।
9980	229	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
9981	229	ਮਨ ਕਾ ਸੂਤਕੁ ਦੂਜਾ ਭਾਉ॥	(ਸੂਤਕੁ) ਅਪਵਿੱਤ੍ਰਤਾ	Man Kaa Soothak Dhoojaa Bhaao ||	The pollution of the mind is the love of duality.	(ਹੇ ਭਾਈ! ਪਰਮਾਤਮਾ ਨੂੰ ਵਿਸਾਰ ਕੇ ਮਾਇਆ ਆਦਿਕ) ਹੋਰ ਹੋਰ ਨਾਲ ਪਾਇਆ ਹੋਇਆ ਪਿਆਰ ਮਨ ਦੀ ਅਪਵਿਤ੍ਰਤਾ (ਦਾ ਕਾਰਣ ਬਣਦਾ) ਹੈ।
9982	229	ਭਰਮੇ ਭੂਲੇ ਆਵਉ ਜਾਉ॥੧॥		Bharamae Bhoolae Aavo Jaao ||1||	Deluded by doubt, people come and go in reincarnation. ||1||	(ਇਸ ਅਪਵਿਤ੍ਰਤਾ ਦੇ ਕਾਰਨ ਮਾਇਆ ਦੀ) ਭਟਕਣਾ ਵਿਚ ਕੁਰਾਹੇ ਪਏ ਹੋਏ ਮਨੁੱਖ ਨੂੰ ਜਨਮ ਮਰਨ ਦਾ ਗੇੜ ਬਣਿਆ ਰਹਿੰਦਾ ਹੈ ॥੧॥

9983	229	ਮਨਮੁਖਿ ਸੂਤਕੁ ਕਬਹਿ ਨ ਜਾਇ॥		Manamukh Soothak Kabehi N Jaae ||	The pollution of the self-willed manmukhs will never go away,	(ਹੇ ਭਾਈ!) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਦੇ ਮਨ) ਦੀ ਅਪਵਿਤ੍ਰਤਾ ਉਤਨਾ ਚਿਰ ਕਦੇ ਦੂਰ ਨਹੀਂ ਹੁੰਦੀ,
9984	229	ਜਿਚਰੁ ਸਬਦਿ ਨ ਭੀਜੈ ਹਰਿ ਕੈ ਨਾਇ॥੧॥ਰਹਾਉ॥		Jichar Sabadh N Bheejai Har Kai Naae ||1|| Rehaao ||	As long as they do not dwell on the Shabad, and the Name of the Lord. ||1||Pause||	ਜਿਤਨਾ ਚਿਰ (ਮਨੁੱਖ ਗੁਰੂ ਦੇ) ਸ਼ਬਦ ਵਿਚ ਨਹੀਂ ਪਤੀਜਦਾ ਅਤੇ ਪਰਮਾਤਮਾ ਦੇ ਨਾਮ ਵਿਚ ਨਹੀਂ ਜੁੜਦਾ ॥੧॥ ਰਹਾਉ ॥
9985	229	ਸਭੋ ਸੂਤਕੁ ਜੇਤਾ ਮੋਹੁ ਆਕਾਰੁ॥		Sabho Soothak Jaethaa Mohu Aakaar ||	All the created beings are contaminated by emotional attachment;	(ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਲਈ) ਇਹ ਜਿਤਨਾ ਹੀ ਜਗਤ ਹੈ ਜਿਤਨਾ ਹੀ ਜਗਤ ਦਾ ਮੋਹ ਹੈ ਇਹ ਸਾਰਾ ਅਪਵਿਤ੍ਰਤਾ (ਦਾ ਮੂਲ) ਹੈ,
9986	229	ਮਰਿ ਮਰਿ ਜੰਮੈ ਵਾਰੋ ਵਾਰ॥੨॥		Mar Mar Janmai Vaaro Vaar ||2||	They die and are reborn, only to die over and over again. ||2||	ਉਹ ਮਨੁੱਖ (ਇਸ ਆਤਮਕ ਮੌਤ ਵਿਚ) ਮਰ ਮਰ ਕੇ ਮੁੜ ਮੁੜ ਜੰਮਦਾ ਰਹਿੰਦਾ ਹੈ ॥੨॥
9987	229	ਸੂਤਕੁ ਅਗਨਿ ਪਉਣੈ ਪਾਣੀ ਮਾਹਿ॥		Soothak Agan Pounai Paanee Maahi ||	Fire, air and water are polluted.	(ਮਨਮੁਖਾਂ ਵਾਸਤੇ) ਅੱਗ ਵਿਚ ਹਵਾ ਵਿਚ ਪਾਣੀ ਵਿਚ ਭੀ ਅਪਵਿਤ੍ਰਤਾ ਹੀ ਹੈ,
9988	229	ਸੂਤਕੁ ਭੋਜਨੁ ਜੇਤਾ ਕਿਛੁ ਖਾਹਿ॥੩॥		Soothak Bhojan Jaethaa Kishh Khaahi ||3||	The food which is eaten is polluted. ||3||	ਜਿਤਨਾ ਕੁਝ ਭੋਜਨ ਆਦਿਕ ਉਹ ਖਾਂਦੇ ਹਨ ਉਹ ਭੀ (ਉਹਨਾਂ ਦੇ ਮਨ ਵਾਸਤੇ) ਅਪਵਿਤ੍ਰਤਾ (ਦਾ ਕਾਰਨ ਹੀ ਬਣਦਾ) ਹੈ ॥੩॥

9989	229	ਸੂਤਕਿ ਕਰਮਨ ਪੂਜਾ ਹੋਇ॥	(ਕਰਮਨ) ਕਰਮ ਕਾਂਡ। (ਦੂਜਾ ਪਾਠ: ਕਰਮ ਨ)	Soothak Karam N Poojaa Hoe ||	The actions of those who do not worship the Lord are polluted.	(ਹੇ ਭਾਈ!) ਸੂਤਕ (ਦੇ ਭਰਮ ਵਿਚ ਗ੍ਰਸੇ ਹੋਏ ਮਨ ਨੂੰ) ਕੋਈ ਕਰਮ-ਕਾਂਡ ਪਵਿਤ੍ਰ ਨਹੀਂ ਕਰ ਸਕਦੇ, ਕੋਈ ਦੇਵ-ਪੂਜਾ ਪਵਿਤ੍ਰ ਨਹੀਂ ਕਰ ਸਕਦੀ।
9990	229	ਨਾਮਿ ਰਤੇ ਮਨੁ ਨਿਰਮਲੁ ਹੋਇ॥੪॥		Naam Rathae Man Niramal Hoe ||4||	Attuned to the Naam, the Name of the Lord, the mind becomes immaculate. ||4||	ਪਰਮਾਤਮਾ ਦੇ ਨਾਮ ਵਿਚ ਰੰਗੀਜ ਕੇ ਹੀ ਮਨ ਪਵਿਤ੍ਰ ਹੁੰਦਾ ਹੈ ॥੪॥
9991	229	ਸਤਿਗੁਰੁ ਸੇਵਿਐ ਸੂਤਕੁ ਜਾਇ॥		Sathigur Saeviai Soothak Jaae ||	Serving the True Guru, pollution is eradicated,	(ਹੇ ਭਾਈ!) ਜੇ ਸਤਿਗੁਰੂ ਦਾ ਆਸਰਾ ਲਿਆ ਜਾਏ ਤਾਂ ਮਨ ਦੀ ਅਪਵਿਤ੍ਰਤਾ ਦੂਰ ਹੋ ਜਾਂਦੀ ਹੈ,
9992	229	ਮਰੈ ਨ ਜਨਮੈ ਕਾਲੁ ਨ ਖਾਇ॥੫॥		Marai N Janamai Kaal N Khaae ||5||	And then, one does not suffer death and rebirth, or get devoured by death. ||5||	(ਗੁਰੂ ਦੀ ਸਰਨ ਰਹਿਣ ਵਾਲਾ ਮਨੁੱਖ) ਨਾਹ ਮਰਦਾ ਹੈ ਨਾਹ ਜੰਮਦਾ ਹੈ ਨਾਹ ਉਸ ਨੂੰ ਆਤਮਕ ਮੌਤ ਖਾਂਦੀ ਹੈ ॥੫॥
9993	229	ਸਾਸਤ ਸਿੰਮ੍ਰਿਤਿ ਸੋਧਿ ਦੇਖਹੁ ਕੋਇ॥	ਸਿੰਮ੍ਰਿਤਿ	Saasath Sinmrith Sodhh Dhaekhahu Koe ||	You may study and examine the Shaastras and the Simritees,	(ਹੇ ਭਾਈ! ਬੇ-ਸ਼ੱਕ) ਕੋਈ ਧਿਰ ਸਿਮ੍ਰਿਤੀਆਂ ਸ਼ਾਸਤ੍ਰਾਂ ਨੂੰ ਭੀ ਵਿਚਾਰ ਕੇ ਵੇਖ ਲਵੇ।
9994	229	ਵਿਣੁ ਨਾਵੈ ਕੋ ਮੁਕਤਿ ਨ ਹੋਇ॥੬॥		Vin Naavai Ko Mukath N Hoe ||6||	But without the Name, no one is liberated. ||6||	ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਮਨੁੱਖ ਮਾਨਸਕ ਅਪਵਿਤ੍ਰਤਾ ਤੋਂ ਖ਼ਲਾਸੀ ਨਹੀਂ ਪਾ ਸਕਦਾ ॥੬॥

9995	229	ਜੁਗ ਚਾਰੇ ਨਾਮੁ ਉਤਮੁ ਸਬਦੁ ਬੀਚਾਰਿ॥	ਜੁੱਗ। ਉੱਤਮੁ	Jug Chaarae Naam Outham Sabadh Beechaar ||	Throughout the four ages, the Naam is the ultimate; reflect upon the Word of the Shabad.	(ਹੇ ਭਾਈ!) ਚੌਹਾਂ ਹੀ ਜੁਗਾਂ ਵਿਚ ਗੁਰੂ ਦੇ ਸ਼ਬਦ ਨੂੰ ਵਿਚਾਰ ਕੇ (ਪਰਮਾਤਮਾ ਦਾ) ਨਾਮ (ਜਪ ਕੇ ਹੀ ਮਨੁੱਖ) ਉੱਤਮ ਬਣ ਸਕਦਾ ਹੈ।
9996	229	ਕਲਿ ਮਹਿ ਗੁਰਮੁਖਿ ਉਤਰਸਿ ਪਾਰਿ॥੭॥		Kal Mehi Guramukh Outharas Paar ||7||	In this Dark Age of Kali Yuga, only the Gurmukhs cross over. ||7||	ਇਸ ਜੁਗ ਵਿਚ ਭੀ ਜਿਸ ਨੂੰ ਕਲਿਜੁਗ ਕਿਹਾ ਜਾ ਰਿਹਾ ਹੈ ਉਹੀ ਮਨੁੱਖ (ਵਿਕਾਰਾਂ ਦੇ ਸਮੁੰਦਰਾਂ ਤੋਂ) ਪਾਰ ਲੰਘਦਾ ਹੈ ਜੋ ਗੁਰੂ ਦੀ ਸਰਨ ਪੈਂਦਾ ਹੈ ॥੭॥
9997	229	ਸਾਚਾ ਮਰੈ ਨ ਆਵੈ ਜਾਇ॥		Saachaa Marai N Aavai Jaae ||	The True Lord does not die; He does not come or go.	(ਪਰਮਾਤਮਾ) ਜੋ ਸਦਾ ਕਾਇਮ ਰਹਿਣ ਵਾਲਾ ਹੈ ਤੇ ਜੋ ਕਦੇ ਜੰਮਦਾ ਮਰਦਾ ਨਹੀਂ
9998	229	ਨਾਨਕ ਗੁਰਮੁਖਿ ਰਹੈ ਸਮਾਇ॥੮॥੧॥		Naanak Guramukh Rehai Samaae ||8||1||	O Nanak, the Gurmukh remains absorbed in the Lord. ||8||1||	ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਉਸ ਪਰਮਾਤਮਾ ਵਿਚ ਸਦਾ ਲੀਨ ਰਹਿੰਦਾ ਹੈ। (ਇਸ ਤਰ੍ਹਾਂ ਉਸ ਮਨੁੱਖ ਦੇ ਮਨ ਨੂੰ ਕੋਈ ਅਪਵਿਤ੍ਰਤਾ ਛੂਹ ਨਹੀਂ ਸਕਦੀ) ॥੮॥੧॥
9999	229	ਗਉੜੀ ਮਹਲਾ ੩॥		Gourree Mehalaa 3 ||	Gauree, Third Mehl:	
10000	229	ਗੁਰਮੁਖਿ ਸੇਵਾ ਪ੍ਰਾਨ ਅਧਾਰਾ॥		Guramukh Saevaa Praan Adhhaaraa ||	Selfless service is the support of the breath of life of the Gurmukh.	(ਹੇ ਪੰਡਿਤ!) ਗੁਰੂ ਦੇ ਸਨਮੁਖ ਹੋ ਕੇ ਪਰਮਾਤਮਾ ਦੀ ਸੇਵਾ-ਭਗਤੀ ਨੂੰ ਆਪਣੇ ਜੀਵਨ ਦਾ ਆਸਰਾ ਬਣਾ,

10001	229	ਹਰਿ ਜੀਉ ਰਾਖਹੁ ਹਿਰਦੈ ਉਰ ਧਾਰਾ॥	(ਉਰ) ਅੰਦਰ	Har Jeeo Raakhahu Hiradhai Our Dhhaaraa ||	Keep the Dear Lord enshrined in your heart.	ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਆਪਣੇ ਮਨ ਵਿਚ ਟਿਕਾ ਕੇ ਰੱਖ।
10002	229	ਗੁਰਮੁਖਿ ਸੋਭਾ ਸਾਚ ਦੁਆਰਾ॥੧॥		Guramukh Sobhaa Saach Dhuaaraa ||1||	The Gurmukh is honored in the Court of the True Lord. ||1||	(ਹੇ ਪੰਡਿਤ!) ਗੁਰੂ ਦੀ ਸਰਨ ਪੈ ਕੇ ਤੂੰ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਵਡਿਆਈ ਹਾਸਲ ਕਰੇਂਗਾ ॥੧॥
10003	229	ਪੰਡਿਤ ਹਰਿ ਪੜੁ ਤਜਹੁ ਵਿਕਾਰਾ॥	(ਤਜਹੁ) ਛੱਡ। ਪੜ੍	Panddith Har Parr Thajahu Vikaaraa ||	O Pandit, O religious scholar, read about the Lord, and renounce your corrupt ways.	ਹੇ ਪੰਡਿਤ! ਪਰਮਾਤਮਾ ਦੀ ਸਿਫ਼ਤ-ਸਾਲਾਹ ਪੜ੍ਹ (ਅਤੇ ਇਸ ਦੀ ਬਰਕਤਿ ਨਾਲ ਆਪਣੇ ਅੰਦਰੋਂ) ਵਿਕਾਰ ਛੱਡ।
10004	229	ਗੁਰਮੁਖਿ ਭਉਜਲੁ ਉਤਰਹੁ ਪਾਰਾ॥੧॥ਰਹਾਉ॥		Guramukh Bhoujal Outharahu Paaraa ||1|| Rehaao ||	The Gurmukh crosses over the terrifying world-ocean. ||1||Pause||	(ਹੇ ਪੰਡਿਤ!) ਗੁਰੂ ਦੀ ਸਰਨ ਪੈ ਕੇ ਤੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਏਂਗਾ ॥੧॥ ਰਹਾਉ ॥
10005	230	ਗੁਰਮੁਖਿ ਵਿਚਹੁ ਹਉਮੈ ਜਾਇ॥		Guramukh Vichahu Houmai Jaae ||	The Gurmukh eradicates egotism from within.	(ਹੇ ਪੰਡਿਤ!) ਗੁਰੂ ਦੀ ਸਰਨ ਪਿਆਂ ਮਨ ਵਿਚੋਂ ਹਉਮੈ ਦੂਰ ਹੋ ਜਾਂਦੀ ਹੈ।
10006	230	ਗੁਰਮੁਖਿ ਮੈਲੁ ਨ ਲਾਗੈ ਆਇ॥		Guramukh Mail N Laagai Aae ||	No filth sticks to the Gurmukh.	ਗੁਰੂ ਦੀ ਸਰਨ ਪਿਆਂ (ਮਨ ਨੂੰ ਹਉਮੈ ਦੀ) ਮੈਲ ਆ ਕੇ ਨਹੀਂ ਚੰਬੜਦੀ (ਕਿਉਂਕਿ)

10007	230	ਗੁਰਮੁਖਿ ਨਾਮੁ ਵਸੈ ਮਨਿ ਆਇ॥੨॥		Guramukh Naam Vasai Man Aae ||2||	The Naam, the Name of the Lord, comes to dwell within the mind of the Gurmukh. ||2||	ਗੁਰੂ ਦੀ ਸਰਨ ਪਿਆਂ ਪਰਮਾਤਮਾ ਦਾ ਨਾਮ ਮਨ ਵਿਚ ਆ ਵੱਸਦਾ ਹੈ ॥੨॥
10008	230	ਗੁਰਮੁਖਿ ਕਰਮ ਧਰਮ ਸਚਿ ਹੋਈ॥		Guramukh Karam Dhharam Sach Hoee ||	Through karma and Dharma, good actions and righteous faith, the Gurmukh becomes true.	(ਹੇ ਪੰਡਿਤ!) ਗੁਰੂ ਦੇ ਸਨਮੁਖ ਰਿਹਾਂ ਸਦਾ-ਥਿਰ ਪਰਮਾਤਮਾ ਵਿਚ ਲੀਨਤਾ ਹੋ ਜਾਂਦੀ ਹੈ (ਤੇ ਇਹੀ ਹੈ ਅਸਲੀ) ਕਰਮ ਧਰਮ।
10009	230	ਗੁਰਮੁਖਿ ਅਹੰਕਾਰੁ ਜਲਾਏ ਦੋਈ॥	(ਦੋਈ) ਦ੍ਵੈਤ, ਮੇਰਾ ਤੇਰਾ। ਅਹੰ-ਕਾਰੁ	Guramukh Ahankaar Jalaaeae Dhoee ||	The Gurmukh burns away egotism and duality.	ਜੇਹੜਾ ਗੁਰੂ ਦੀ ਸਰਨ ਪੈਂਦਾ ਹੈ ਉਹ (ਆਪਣੇ ਅੰਦਰੋਂ) ਅਹੰਕਾਰ ਤੇ ਮੇਰ-ਤੇਰ ਸਾੜ ਦੇਂਦਾ ਹੈ।
10010	230	ਗੁਰਮੁਖਿ ਨਾਮਿ ਰਤੇ ਸੁਖੁ ਹੋਈ॥੩॥	ਰੱਤੇ	Guramukh Naam Rathae Sukh Hoee ||3||	The Gurmukh is attuned to the Naam, and is at peace. ||3||	ਪ੍ਰਭੂ ਦੇ ਨਾਮ ਵਿਚ ਰੰਗੇ ਜਾ ਕੇ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੂੰ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ॥੩॥
10011	230	ਆਪਣਾ ਮਨੁ ਪਰਬੋਧਹੁ ਬੂਝਹੁ ਸੋਈ॥	(ਪਰਬੋਧਹੁ) ਸਮਝਾਵੋ	Aapanaa Man Parabodhhahu Boojhahu Soee ||	Instruct your own mind, and understand Him.	(ਹੇ ਪੰਡਿਤ! ਪਹਿਲਾਂ) ਆਪਣੇ ਮਨ ਨੂੰ ਜਗਾਓ ਤੇ ਉਸ ਪਰਮਾਤਮਾ ਦੀ ਹਸਤੀ ਨੂੰ ਸਮਝੋ।
10012	230	ਲੋਕ ਸਮਝਾਵਹੁ ਸੁਣੇ ਨ ਕੋਈ॥		Lok Samajhaavahu Sunae N Koee ||	You may preach to other people, but no one will listen.	(ਹੇ ਪੰਡਿਤ! ਤੁਹਾਡਾ ਆਪਣਾ ਮਨ ਮਾਇਆ ਦੇ ਮੋਹ ਵਿਚ ਸੁੱਤਾ ਪਿਆ ਹੈ, ਪਰ) ਤੁਸੀ ਲੋਕਾਂ ਨੂੰ ਸਿੱਖਿਆ ਦੇਂਦੇ ਹੋ (ਇਸ ਤਰ੍ਹਾਂ ਕਦੇ) ਕੋਈ ਮਨੁੱਖ (ਸਿੱਖਿਆ) ਨਹੀਂ ਸੁਣਦਾ।

10013	230	ਗੁਰਮੁਖਿ ਸਮਝਹੁ ਸਦਾ ਸੁਖੁ ਹੋਈ॥੪॥		Guramukh Samajhahu Sadhaa Sukh Hoee ||4||	The Gurmukh understands, and is always at peace. ||4||	ਗੁਰੂ ਦੀ ਸਰਨ ਪੈ ਕੇ ਤੁਸੀ ਆਪ (ਸਹੀ ਜੀਵਨ-ਰਸਤਾ) ਸਮਝੋ, ਤੁਹਾਨੂੰ ਸਦਾ ਆਤਮਕ ਆਨੰਦ ਮਿਲੇਗਾ ॥੪॥
10014	230	ਮਨਮੁਖਿ ਡੰਫੁ ਬਹੁਤੁ ਚਤੁਰਾਈ॥	(ਡੰਫੁ) ਦਿਖਾਵਾ	Manamukh Ddanf Bahuth Chathuraaee ||	The self-willed manmukhs are such clever hypocrites.	(ਹੇ ਪੰਡਿਤ!) ਆਪਣੇ ਹੀ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਧਾਰਮਿਕ) ਵਿਖਾਵਾ ਕਰਦਾ ਹੈ, ਬੜੀ ਚਤੁਰਾਈ ਵਿਖਾਂਦਾ ਹੈ,
10015	230	ਜੋ ਕਿਛੁ ਕਮਾਵੈ ਸੁ ਥਾਇ ਨ ਪਾਈ॥		Jo Kishh Kamaavai S Thhaae N Paaee ||	No matter what they do, it is not acceptable.	(ਪਰ ਜੋ ਕੁਝ ਉਹ) ਆਪ (ਅਮਲੀ ਜੀਵਨ) ਕਮਾਂਦਾ ਹੈ ਉਹ (ਪਰਮਾਤਮਾ ਦੀਆਂ ਨਜ਼ਰਾਂ ਵਿਚ) ਪਰਵਾਨ ਨਹੀਂ ਹੁੰਦਾ।
10016	230	ਆਵੈ ਜਾਵੈ ਠਉਰ ਨ ਕਾਈ॥੫॥		Aavai Jaavai Thour N Kaaee ||5||	They come and go in reincarnation, and find no place of rest. ||5||	ਉਹ ਮਨੁੱਖ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ, ਉਸ ਨੂੰ ਆਤਮਕ ਸ਼ਾਂਤੀ ਦੀ ਕੋਈ ਥਾਂ ਨਹੀਂ ਮਿਲਦੀ ॥੫॥
10017	230	ਮਨਮੁਖ ਕਰਮ ਕਰੇ ਬਹੁਤੁ ਅਭਿਮਾਨਾ॥		Manamukh Karam Karae Bahuth Abhimaanaa ||	The manmukhs perform their rituals, but they are totally selfish and conceited.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਆਪਣੇ ਵਲੋਂ ਧਾਰਮਿਕ) ਕਰਮ ਕਰਦਾ ਹੈ (ਪਰ ਇਸ ਤਰ੍ਹਾਂ ਉਸ ਦੇ ਅੰਦਰ ਬਹੁਤ ਮਾਣ ਪੈਦਾ ਹੁੰਦਾ ਹੈ।
10018	230	ਬਗ ਜਿਉ ਲਾਇ ਬਹੈ ਨਿਤ ਧਿਆਨਾ॥	(ਬੱਗ) ਬਗੁਲਾ	Bag Jio Laae Behai Nith Dhhiaanaa ||	They sit there, like storks, pretending to meditate.	ਉਹ ਸਦਾ ਬਗਲੇ ਵਾਂਗ ਹੀ ਸਮਾਧੀ ਲਾ ਕੇ ਬੈਠਦਾ ਹੈ।

10019	230	ਜਮਿ ਪਕੜਿਆ ਤਬ ਹੀ ਪਛੁਤਾਨਾ॥੬॥		Jam Pakarriaa Thab Hee Pashhuthaanaa ||6||	Caught by the Messenger of Death, they shall regret and repent in the end. ||6||	ਉਹ ਤਦੋਂ ਹੀ ਪਛੁਤਾਵੇਗਾ ਜਦੋਂ ਮੌਤ ਨੇ (ਉਸ ਨੂੰ ਸਿਰੋਂ ਆ) ਫੜਿਆ ॥੬॥
10020	230	ਬਿਨੁ ਸਤਿਗੁਰ ਸੇਵੇ ਮੁਕਤਿ ਨ ਹੋਈ॥		Bin Sathigur Saevae Mukath N Hoee ||	Without serving the True Guru, liberation is not obtained.	(ਹੇ ਪੰਡਿਤ!) ਸਤਿਗੁਰੂ ਦੀ ਸਰਨ ਪੈਣ ਤੋਂ ਬਿਨਾ (ਦੰਭ ਆਦਿਕ ਤੋਂ) ਖ਼ਲਾਸੀ ਨਹੀਂ ਹੁੰਦੀ।
10021	230	ਗੁਰ ਪਰਸਾਦੀ ਮਿਲੈ ਹਰਿ ਸੋਈ॥		Gur Parasaadhee Milai Har Soee ||	By Guru's Grace, one meets the Lord.	ਗੁਰੂ ਦੀ ਕਿਰਪਾ ਨਾਲ ਹੀ ਉਹ (ਘਟ ਘਟ ਦੀ ਜਾਣਨ ਵਾਲਾ) ਪਰਮਾਤਮਾ ਮਿਲਦਾ ਹੈ।
10022	230	ਗੁਰੁ ਦਾਤਾ ਜੁਗ ਚਾਰੇ ਹੋਈ॥੭॥		Gur Dhaathaa Jug Chaarae Hoee ||7||	The Guru is the Great Giver, throughout the four ages. ||7||	(ਹੇ ਪੰਡਿਤ! ਸਤਜੁਗ ਕਲਜੁਗ ਆਖ ਆਖ ਕੇ ਕਿਸੇ ਜੁਗ ਦੇ ਜ਼ਿੰਮੇ ਬੁਰਾਈ ਲਾ ਕੇ ਗ਼ਲਤੀ ਨਾਹ ਖਾਹ) ਚੌਹਾਂ ਜੁਗਾਂ ਵਿਚ ਗੁਰੂ ਹੀ ਪਰਮਾਤਮਾ ਦੇ ਨਾਮ ਦੀ ਦਾਤ ਦੇਣ ਵਾਲਾ ਹੈ ॥੭॥
10023	230	ਗੁਰਮੁਖਿ ਜਾਤਿ ਪਤਿ ਨਾਮੇ ਵਡਿਆਈ॥		Guramukh Jaath Path Naamae Vaddiaaee ||	For the Gurmukh, the Naam is social status, honor and glorious greatness.	(ਹੇ ਪੰਡਿਤ!) ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਵਾਸਤੇ ਹਰਿ-ਨਾਮ ਹੀ ਉੱਚੀ ਜਾਤਿ ਹੈ ਤੇ ਉੱਚੀ ਕੁਲ ਹੈ, ਪਰਮਾਤਮਾ ਦੇ ਨਾਮ ਵਿਚ ਉਹ ਆਪਣੀ ਇੱਜ਼ਤ ਮੰਨਦਾ ਹੈ।

10024	230	ਸਾਇਰ ਕੀ ਪੁਤ੍ਰੀ ਬਿਦਾਰਿ ਗਵਾਈ॥	(ਸਾਇਰ) ਸਮੁੰਦ੍ਰ। (ਬਿਦਾਰਿ) ਮਾਰ ਦਿੱਤੀ। ਪੁੱਤ੍ਰੀ	Saaeir Kee Puthree Bidhaar Gavaaee ||	Maya, the daughter of the ocean, has been slain.	ਨਾਮਿ ਦੀ ਬਰਕਤਿ ਨਾਲ ਹੀ ਉਸ ਨੇ ਮਾਇਆ ਦਾ ਪ੍ਰਭਾਵ (ਆਪਣੇ ਅੰਦਰੋਂ) ਕੱਟ ਕੇ ਪਰੇ ਰੱਖ ਦਿੱਤਾ ਹੈ।
10025	230	ਨਾਨਕ ਬਿਨੁ ਨਾਵੈ ਝੂਠੀ ਚਤੁਰਾਈ॥੮॥੨॥		Naanak Bin Naavai Jhoothee Chathuraaee ||8||2||	O Nanak, without the Name, all clever tricks are false. ||8||2||	ਹੇ ਨਾਨਕ! (ਆਖ-ਹੇ ਪੰਡਿਤ!) ਪਰਮਾਤਮਾ ਦੇ ਨਾਮ ਤੋਂ ਵਾਂਜੇ ਰਹਿ ਕੇ ਹੋਰ ਹੋਰ ਚਤੁਰਾਈ ਵਿਖਾਈ ਵਿਅਰਥ ਹੈ ॥੮॥੨॥
10026	230	ਗਉੜੀ ਮਃ ੩॥		Gourree Ma 3 ||	Gauree, Third Mehl:	
10027	230	ਇਸੁ ਜੁਗ ਕਾ ਧਰਮੁ ਪੜਹੁ ਤੁਮ ਭਾਈ॥	ਜੁੱਗ, ਪੜ੍ਹੁ	Eis Jug Kaa Dhharam Parrahu Thum Bhaaee ||	Learn the Dharma of this age, O Siblings of Destiny;	ਹੇ ਭਾਈ! ਇਸ ਮਨੁੱਖਾ ਜਨਮ ਦਾ ਕਰਤੱਬ ਪੜ੍ਹੋ (ਭਾਵ, ਇਹ ਸਿੱਖੋ ਕਿ ਮਨੁੱਖਾ ਜਨਮ ਵਿਚ ਜੀਵਨ ਸਫਲ ਕਰਨ ਵਾਸਤੇ ਕੀਹ ਉੱਦਮ ਕਰਨਾ ਚਾਹੀਦਾ ਹੈ)।
10028	230	ਪੂਰੈ ਗੁਰਿ ਸਭ ਸੋਝੀ ਪਾਈ॥		Poorai Gur Sabh Sojhee Paaee ||	All understanding is obtained from the Perfect Guru.	(ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸਰਨ ਪਿਆ ਹੈ) ਪੂਰੇ ਗੁਰੂ ਨੇ ਉਸ ਨੂੰ ਇਹ ਸੂਝ ਦੇ ਦਿੱਤੀ ਹੈ,
10029	230	ਐਥੈ ਅਗੈ ਹਰਿ ਨਾਮੁ ਸਖਾਈ॥੧॥	(ਸਖਾਈ) ਸਾਥੀ	Aithhai Agai Har Naam Sakhaaee ||1||	Here and hereafter, the Lord's Name is our Companion. ||1||	ਕਿ ਇਸ ਲੋਕ ਵਿਚ ਤੇ ਪਰਲੋਕ ਵਿਚ ਪਰਮਾਤਮਾ ਦਾ ਨਾਮ (ਹੀ ਅਸਲ) ਸਾਥੀ ਹੈ ॥੧॥
10030	230	ਰਾਮ ਪੜਹੁ ਮਨਿ ਕਰਹੁ ਬੀਚਾਰੁ॥	ਪੜ੍ਹੁ	Raam Parrahu Man Karahu Beechaar ||	Learn of the Lord, and contemplate Him in your mind.	(ਹੇ ਭਾਈ!) ਪਰਮਾਤਮਾ (ਦੀ ਸਿਫ਼ਤ-ਸਾਲਾਹ) ਪੜ੍ਹੋ, (ਆਪਣੇ) ਮਨ ਵਿਚ (ਪਰਮਾਤਮਾ ਦੇ ਗੁਣਾਂ ਦੀ) ਵਿਚਾਰ ਕਰੋ,

10031	230	ਗੁਰ ਪਰਸਾਦੀ ਮੈਲੁ ਉਤਾਰੁ॥੧॥ਰਹਾਉ॥		Gur Parasaadhee Mail Outhaar ||1|| Rehaao ||	By Guru's Grace, your filth shall be washed away. ||1||Pause||	(ਇਸ ਤਰ੍ਹਾਂ) ਗੁਰੂ ਦੀ ਕਿਰਪਾ ਨਾਲ (ਆਪਣੇ ਮਨ ਵਿਚੋਂ ਵਿਕਾਰਾਂ ਦੀ) ਮੈਲ ਦੂਰ ਕਰ ॥੧॥ ਰਹਾਉ ॥
10032	230	ਵਾਦਿ ਵਿਰੋਧਿ ਨ ਪਾਇਆ ਜਾਇ॥	(ਵਾਦਿ) ਝਗੜੇ	Vaadh Virodhh N Paaeiaa Jaae ||	Through argument and debate, He cannot be found.	(ਹੇ ਭਾਈ! ਕਿਸੇ ਧਾਰਮਿਕ) ਬਹਸ ਕਰਨ ਨਾਲ (ਜਾਂ ਕਿਸੇ ਧਰਮ ਦਾ) ਖੰਡਨ ਕਰਨ ਨਾਲ ਪਰਮਾਤਮਾ ਦਾ ਨਾਮ ਪ੍ਰਾਪਤ ਨਹੀਂ ਹੁੰਦਾ।
10033	230	ਮਨੁ ਤਨੁ ਫੀਕਾ ਦੂਜੈ ਭਾਇ॥		Man Than Feekaa Dhoojai Bhaae ||	The mind and body are made insipid through the love of duality.	(ਇਸ ਤਰ੍ਹਾਂ ਪਰਮਾਤਮਾ ਦੇ ਨਾਮ ਦੀ ਲਗਨ ਤੋਂ ਖੁੰਝ ਕੇ) ਹੋਰ ਸੁਆਦ ਵਿਚ ਪਿਆਂ ਮਨ ਆਤਮਕ ਜੀਵਨ ਤੋਂ ਸੱਖਣਾ ਹੋ ਜਾਂਦਾ ਹੈ, ਸਰੀਰ (ਹਿਰਦਾ) ਆਤਮਕ ਜੀਵਨ ਤੋਂ ਸੁੰਞਾ ਹੋ ਜਾਂਦਾ ਹੈ।
10034	230	ਗੁਰ ਕੈ ਸਬਦਿ ਸਚਿ ਲਿਵ ਲਾਇ॥੨॥		Gur Kai Sabadh Sach Liv Laae ||2||	Through the Word of the Guru's Shabad, lovingly attune yourself to the True Lord. ||2||	ਗੁਰੂ ਦੇ ਸ਼ਬਦ ਦੀ ਰਾਹੀਂ (ਹੀ ਮਨੁੱਖ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਲਗਨ ਜੋੜ ਸਕਦਾ ਹੈ ॥੨॥
10035	230	ਹਉਮੈ ਮੈਲਾ ਇਹੁ ਸੰਸਾਰਾ॥		Houmai Mailaa Eihu Sansaaraa ||	This world is polluted with egotism.	(ਹੇ ਭਾਈ! ਗੁਰੂ ਨੂੰ ਮਿਲਣ ਤੋਂ ਬਿਨਾ) ਇਹ ਜਗਤ (ਭਾਵ, ਦੁਨੀਆ ਦਾ ਇਹ ਮਨੁੱਖ) ਹਉਮੈ (ਦੇ ਵਿਕਾਰ) ਨਾਲ ਮਲੀਨ (-ਮਨ) ਹੋ ਜਾਂਦਾ ਹੈ।

10036	230	ਨਿਤ ਤੀਰਥਿ ਨਾਵੈ ਨ ਜਾਇ ਅਹੰਕਾਰਾ॥	ਨ੍ਹਾਵੈ। ਅਹੰ-ਕਾਰਾ	Nith Theerathh Naavai N Jaae Ahankaaraa ||	By taking cleansing baths daily at sacred shrines of pilgrimage, egotism is not eliminated.	ਸਦਾ ਤੀਰਥ ਉਤੇ ਇਸ਼ਨਾਨ (ਭੀ) ਕਰਦਾ ਹੈ (ਪਰ ਇਸ ਤਰ੍ਹਾਂ ਇਸ ਦੇ ਮਨ ਦਾ) ਅਹੰਕਾਰ ਦੂਰ ਨਹੀਂ ਹੁੰਦਾ।
10037	230	ਬਿਨੁ ਗੁਰ ਭੇਟੇ ਜਮੁ ਕਰੇ ਖੁਆਰਾ॥੩॥	ਸੀਸ ਗੁਰੂ ਜੀ ਨੂੰ (ਭੇਟੇ) ਅਰਪੇ	Bin Gur Bhaettae Jam Karae Khuaaraa ||3||	Without meeting the Guru, they are tortured by Death. ||3||	ਗੁਰੂ ਨੂੰ ਮਿਲਣ ਤੋਂ ਬਿਨਾ ਆਤਮਕ ਮੌਤ ਇਸ ਨੂੰ ਖ਼ੁਆਰ ਕਰਦੀ ਰਹਿੰਦੀ ਹੈ ॥੩॥
10038	230	ਸੋ ਜਨੁ ਸਾਚਾ ਜਿ ਹਉਮੈ ਮਾਰੈ॥		So Jan Saachaa J Houmai Maarai ||	Those humble beings are true, who conquer their ego.	(ਹੇ ਭਾਈ!) ਜੇਹੜਾ ਮਨੁੱਖ ਹਉਮੈ ਨੂੰ ਦੂਰ ਕਰ ਲੈਂਦਾ ਹੈ, ਉਹ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਰੂਪ ਹੋ ਜਾਂਦਾ ਹੈ।
10039	230	ਗੁਰ ਕੈ ਸਬਦਿ ਪੰਚ ਸੰਘਾਰੈ॥	(ਸੰਘਾਰੈ) ਨਾਸ ਕਰੇ	Gur Kai Sabadh Panch Sanghaarai ||	Through the Word of the Guru's Shabad, they conquer the five thieves.	ਉਹ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ ਕਾਮਾਦਿਕ) ਪੰਜਾਂ ਨੂੰ ਮਾਰ ਮੁਕਾਂਦਾ ਹੈ।
10040	230	ਆਪਿ ਤਰੈ ਸਗਲੇ ਕੁਲ ਤਾਰੈ॥੪॥	ਕੁੱਲ	Aap Tharai Sagalae Kul Thaarai ||4||	They save themselves, and save all their generations as well. ||4||	ਉਹ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ ਤੇ ਆਪਣੇ ਸਾਰੇ ਕੁਲਾਂ ਨੂੰ ਭੀ ਪਾਰ ਲੰਘਾ ਲੈਂਦਾ ਹੈ ॥੪॥
10041	230	ਮਾਇਆ ਮੋਹਿ ਨਟਿ ਬਾਜੀ ਪਾਈ॥	ਨਟਿ:ਪੋਲਾ ਬੋਲੋ। (ਨਟਿ) ਨਾਟਕ ਖੇਡਣ ਵਾਲਾ	Maaeiaa Mohi Natt Baajee Paaee ||	The Actor has staged the drama of emotional attachment to Maya.	(ਹੇ ਭਾਈ! ਜਿਵੇਂ ਜਦੋਂ ਕੋਈ ਨਟ ਬਾਜ਼ੀ ਪਾਂਦਾ ਹੈ ਤਾਂ ਲੋਕ ਤਮਾਸ਼ਾ ਵੇਖਣ ਆ ਇਕੱਠੇ ਹੁੰਦੇ ਹਨ, ਤਿਵੇਂ) (ਪ੍ਰਭੂ) ਨਟ ਨੇ ਮਾਇਆ ਦੇ ਮੋਹ ਦੀ ਰਾਹੀਂ ਇਹ (ਜਗਤ-ਰਚਨਾ ਦਾ) ਤਮਾਸ਼ਾ ਰਚ ਦਿੱਤਾ ਹੈ।

10042	230	ਮਨਮੁਖ ਅੰਧ ਰਹੇ ਲਪਟਾਈ॥		Manamukh Andhh Rehae Lapattaaee ||	The self-willed manmukhs cling blindly to it.	(ਇਸ ਨੂੰ ਵੇਖ ਵੇਖ ਕੇ) ਆਪਣੇ ਮਨ ਦੇ ਪਿਛੇ ਤੁਰਨ ਵਾਲੇ (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਮਨੁੱਖ (ਇਸ ਤਮਾਸ਼ੇ ਨਾਲ) ਚੰਬੜ ਰਹੇ ਹਨ।
10043	230	ਗੁਰਮੁਖਿ ਅਲਿਪਤ ਰਹੇ ਲਿਵ ਲਾਈ॥੫॥	(ਅ-ਲਿਪਤ) ਨਿਰਲੇਪ	Guramukh Alipath Rehae Liv Laaee ||5||	The Gurmukhs remain detached, and lovingly attune themselves to the Lord. ||5||	ਪਰ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ (ਪ੍ਰਭੂ-ਚਰਨਾਂ ਵਿਚ) ਸੁਰਤ ਜੋੜ ਕੇ (ਇਸ ਤਮਾਸ਼ੇ ਤੋਂ) ਨਿਰਲੇਪ ਰਹਿੰਦੇ ਹਨ ॥੫॥
10044	230	ਬਹੁਤੇ ਭੇਖ ਕਰੈ ਭੇਖਧਾਰੀ॥		Bahuthae Bhaekh Karai Bhaekhadhhaaree ||	The disguisers put on their various disguises.	(ਹੇ ਭਾਈ!) ਨਿਰੇ ਧਾਰਮਿਕ ਪਹਿਰਾਵੇ ਨੂੰ ਹੀ ਧਰਮ ਸਮਝਣ ਵਾਲਾ ਮਨੁੱਖ ਅਨੇਕਾਂ ਧਾਰਮਿਕ ਪਹਿਰਾਵੇ ਕਰਦਾ ਹੈ,
10045	230	ਅੰਤਰਿ ਤਿਸਨਾ ਫਿਰੈ ਅਹੰਕਾਰੀ॥		Anthar Thisanaa Firai Ahankaaree ||	Desire rages within them, and they carry on egotistically.	(ਪਰ ਉਸ ਦੇ) ਅੰਦਰ (ਮਾਇਆ ਦੀ) ਤ੍ਰਿਸ਼ਨਾ (ਬਣੀ ਰਹਿੰਦੀ ਹੈ) ਉਹ ਅਹੰਕਾਰ ਵਿਚ ਹੀ ਵਿਚਰਦਾ ਹੈ।
10046	230	ਆਪੁ ਨ ਚੀਨੈ ਬਾਜੀ ਹਾਰੀ॥੬॥	(ਚੀਨੈ) ਪਛਾਣੇ	Aap N Cheenai Baajee Haaree ||6||	They do not understand themselves, and they lose the game of life. ||6||	ਉਹ ਆਪਣੇ ਜੀਵਨ ਨੂੰ ਨਹੀਂ ਪਰਖਦਾ (ਇਸ ਵਾਸਤੇ) ਉਹ ਮਨੁੱਖਾ ਜਨਮ ਦੀ ਬਾਜ਼ੀ ਹਾਰ ਜਾਂਦਾ ਹੈ ॥੬॥
10047	230	ਕਾਪੜ ਪਹਿਰਿ ਕਰੇ ਚਤੁਰਾਈ॥		Kaaparr Pehir Karae Chathuraaee ||	Putting on religious robes, they act so clever,	(ਹੇ ਭਾਈ!) ਜੇਹੜਾ ਮਨੁੱਖ ਨਿਰੇ ਧਾਰਮਿਕ ਪਹਿਰਾਵੇ ਕਰ ਕੇ ਹੀ ਚਤੁਰਾਈ (ਦੀਆਂ ਗੱਲਾਂ) ਕਰਦਾ ਹੈ,

10048	230	ਮਾਇਆ ਮੋਹਿ ਅਤਿ ਭਰਮਿ ਭੁਲਾਈ॥		Maaeiaa Mohi Ath Bharam Bhulaaee ||	But they are totally deluded by doubt and emotional attachment to Maya.	(ਕਿ ਮੈਂ ਧਰਮੀ ਹਾਂ, ਪਰ ਅੰਦਰੋਂ) ਮਾਇਆ ਦੇ ਮੋਹ ਦੇ ਕਾਰਨ ਬਹੁਤ ਭਟਕਣਾ ਵਿਚ ਫਸ ਕੇ ਕੁਰਾਹੇ ਪਿਆ ਰਹਿੰਦਾ ਹੈ,
10049	230	ਬਿਨੁ ਗੁਰ ਸੇਵੇ ਬਹੁਤੁ ਦੁਖੁ ਪਾਈ॥੭॥		Bin Gur Saevae Bahuth Dhukh Paaee ||7||	Without serving the Guru, they suffer in terrible pain. ||7||	ਉਹ ਮਨੁੱਖ ਗੁਰੂ ਦੀ ਸਰਨ ਨਾਹ ਆਉਣ ਕਰਕੇ ਬਹੁਤ ਦੁੱਖ ਪਾਂਦਾ ਹੈ ॥੭॥
10050	230	ਨਾਮਿ ਰਤੇ ਸਦਾ ਬੈਰਾਗੀ॥		Naam Rathae Sadhaa Bairaagee ||	Those who are attuned to the Naam, the Name of the Lord, remain detached forever.	(ਹੇ ਭਾਈ!) ਜੇਹੜੇ ਮਨੁੱਖ ਪਰਮਾਤਮਾ ਦੇ ਨਾਮ ਵਿਚ ਰੰਗੇ ਰਹਿੰਦੇ ਹਨ, ਉਹ ਸਦਾ ਵੈਰਾਗਮਾਨ ਰਹਿੰਦੇ ਹਨ।
10051	230	ਗ੍ਰਿਹੀ ਅੰਤਰਿ ਸਾਚਿ ਲਿਵ ਲਾਗੀ॥	ਗ੍ਰਿਹੀ	Grihee Anthar Saach Liv Laagee ||	Even as householders, they lovingly attune themselves to the True Lord.	ਗ੍ਰਿਹਸਤ ਵਿਚ ਰਹਿੰਦਿਆਂ ਹੀ ਉਹਨਾਂ ਦੀ ਲਗਨ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਲੱਗੀ ਰਹਿੰਦੀ ਹੈ।
10052	230	ਨਾਨਕ ਸਤਿਗੁਰੁ ਸੇਵਹਿ ਸੇ ਵਡਭਾਗੀ॥੮॥੩॥		Naanak Sathigur Saevehi Sae Vaddabhaagee ||8||3||	O Nanak, those who serve the True Guru are blessed and very fortunate. ||8||3||	ਹੇ ਨਾਨਕ! ਉਹ ਮਨੁੱਖ ਵੱਡੇ ਭਾਗਾਂ ਵਾਲੇ ਹਨ, ਕਿਉਂਕਿ ਉਹ ਗੁਰੂ ਦੀ ਸਰਨ ਪਏ ਰਹਿੰਦੇ ਹਨ ॥੮॥੩॥
10053	230	ਗਉੜੀ ਮਹਲਾ ੩॥		Gourree Mehalaa 3 ||	Gauree, Third Mehl:	

10054	230	ਬ੍ਰਹਮਾ ਮੂਲੁ ਵੇਦ ਅਭਿਆਸਾ॥		Brehamaa Mool Vaedh Abhiaasaa ||	Brahma is the founder of the study of the Vedas.	(ਹੇ ਭਾਈ! ਜਿਸ) ਬ੍ਰਹਮਾ ਨੂੰ ਵੇਦ-ਅਭਿਆਸ ਦਾ ਰਸਤਾ ਚਲਾਣ ਵਾਲਾ ਮੰਨਿਆ ਜਾਂਦਾ ਹੈ (ਜੇਹੜਾ ਬ੍ਰਹਮਾ ਵੇਦ-ਅਭਿਆਸ ਦਾ ਮੂਲ ਮੰਨਿਆ ਜਾਂਦਾ ਹੈ)
10055	230	ਤਿਸ ਤੇ ਉਪਜੇ ਦੇਵ ਮੋਹ ਪਿਆਸਾ॥		This Thae Oupajae Dhaev Moh Piaasaa ||	From him emanated the gods, enticed by desire.	ਉਸ ਤੋਂ (ਸਾਰੇ) ਦੇਵਤੇ ਪੈਦਾ ਹੋਏ (ਮੰਨੇ ਜਾਂਦੇ ਹਨ, ਪਰ ਉਹ ਦੇਵਤੇ ਮਾਇਆ ਦੇ) ਮੋਹ-(ਮਾਇਆ ਦੀ) ਤ੍ਰਿਸ਼ਨਾ ਵਿਚ ਫਸੇ ਹੋਏ ਹੀ ਦੱਸੇ ਜਾ ਰਹੇ ਹਨ।
10056	230	ਤ੍ਰੈ ਗੁਣ ਭਰਮੇ ਨਾਹੀ ਨਿਜ ਘਰਿ ਵਾਸਾ॥੧॥		Thrai Gun Bharamae Naahee Nij Ghar Vaasaa ||1||	They wander in the three qualities, and they do not dwell within their own home. ||1||	ਉਹ ਦੇਵਤੇ ਮਾਇਆ ਦੇ ਤਿੰਨਾਂ ਗੁਣਾਂ ਵਿਚ ਹੀ ਭਟਕਦੇ ਰਹੇ, ਉਹਨਾਂ ਨੂੰ ਪ੍ਰਭੂ ਚਰਨਾਂ ਵਿਚ ਟਿਕਾਣਾ ਨਾਹ ਮਿਲਿਆ ॥੧॥
10057	230	ਹਮ ਹਰਿ ਰਾਖੇ ਸਤਿਗੁਰੂ ਮਿਲਾਇਆ॥		Ham Har Raakhae Sathiguroo Milaaeiaa ||	The Lord has saved me; I have met the True Guru.	(ਹੇ ਭਾਈ!) ਸਾਨੂੰ ਪਰਮਾਤਮਾ ਨੇ (ਮਾਇਆ ਦੇ ਪ੍ਰਭਾਵ ਤੋਂ ਬਚਾ) ਲਿਆ ਹੈ, (ਪਰਮਾਤਮਾ ਨੇ ਸਾਨੂੰ) ਗੁਰੂ ਮਿਲਾ ਦਿੱਤਾ ਹੈ,
10058	230	ਅਨ ਦਿਨੁ ਭਗਤਿ ਹਰਿ ਨਾਮੁ ਦ੍ਰਿੜਾਇਆ॥੧॥ਰਹਾਉ॥		Anadhin Bhagath Har Naam Dhrirraaeiaa ||1|| Rehaao ||	He has implanted devotional worship of the Lord's Name, night and day. ||1||Pause||	(ਜਿਸ ਗੁਰੂ ਨੇ ਸਾਡੇ ਦਿਲ ਵਿਚ) ਹਰ ਵੇਲੇ (ਪਰਮਾਤਮਾ ਦੀ) ਭਗਤੀ ਪੱਕੀ ਟਿਕਾ ਦਿੱਤੀ ਹੈ, ਪਰਮਾਤਮਾ ਦਾ ਨਾਮ ਪੱਕਾ ਟਿਕਾ ਦਿੱਤਾ ਹੈ ॥੧॥ ਰਹਾਉ ॥

10059	230	ਤ੍ਰੈ ਗੁਣ ਬਾਣੀ ਬ੍ਰਹਮ ਜੰਜਾਲਾ॥	(ਬ੍ਰਹਮ) ਬ੍ਰਹਮਾ	Thrai Gun Baanee Breham Janjaalaa ||	The songs of Brahma entangle people in the three qualities.	(ਹੇ ਭਾਈ!) ਬ੍ਰਹਮਾ ਦੀ ਰਚੀ ਹੋਈ ਬਾਣੀ (ਉਹ ਬਾਣੀ ਜੋ ਬ੍ਰਹਮਾ ਦੀ ਰਚੀ ਹੋਈ ਦੱਸੀ ਜਾਂਦੀ ਹੈ) ਮਾਇਆ ਦੇ ਤਿੰਨਾਂ ਗੁਣਾਂ ਵਿਚ ਹੀ ਰੱਖਦੀ ਹੈ (ਮਾਇਆ ਦੇ) ਜੰਜਾਲ ਵਿਚ ਹੀ ਰੱਖਦੀ ਹੈ,
10060	230	ਪੜਿ ਵਾਦੁ ਵਖਾਣਹਿ ਸਿਰਿ ਮਾਰੇ ਜਮਕਾਲਾ॥		Parr Vaadh Vakhaanehi Sir Maarae Jamakaalaa ||	Reading about the debates and disputes, they are hit over the head by the Messenger of Death.	(ਕਿਉਂਕਿ ਇਸ ਨੂੰ) ਪੜ੍ਹ ਕੇ (ਵਿਦਵਾਨ ਪੰਡਿਤ) ਬਹਿਸ ਹੀ ਕਰਦੇ ਹਨ, ਉਹਨਾਂ ਦੇ ਸਿਰ ਤੇ ਆਤਮਕ ਮੌਤ ਆਪਣੀ ਚੋਟ ਕਾਇਮ ਰੱਖਦੀ ਹੈ।
10061	231	ਤਤੁ ਨ ਚੀਨਹਿ ਬੰਨਹਿ ਪੰਡ ਪਰਾਲਾ॥੨॥	(ਪਰੱਾਲਾ) ਪਰਾਲ਼ੀ। ਬੰਨ੍ਹਿ	Thath N Cheenehi Bannehi Pandd Paraalaa ||2||	They do not understand the essence of reality, and they gather their worthless bundles of straw. ||2||	ਉਹ ਅਸਲੀਅਤ (ਜੀਵਨ-ਮਨੋਰਥ) ਨੂੰ ਨਹੀਂ ਪਛਾਣਦੇ, ਉਹ (ਧਾਰਮਿਕ ਚਰਚਾ ਦੀਆਂ) ਪਰਾਲੀ ਦੀਆਂ ਪੰਡਾਂ ਹੀ (ਆਪਣੇ ਸਿਰ ਤੇ) ਬੰਨ੍ਹੀ ਰੱਖਦੇ ਹਨ ॥੨॥
10062	231	ਮਨਮੁਖ ਅਗਿਆਨਿ ਕੁਮਾਰਗਿ ਪਾਏ॥	ਕੁ-ਮਾਰਗਿ	Manamukh Agiaan Kumaarag Paaeae ||	The self-willed manmukhs, in ignorance, take the path of evil.	(ਹੇ ਭਾਈ! ਭਾਵੇਂ ਉਹ ਲੋਕ ਬ੍ਰਹਮਾ ਦੀ ਰਚੀ ਬਾਣੀ ਪੜ੍ਹਦੇ ਹਨ, ਪਰ) ਆਪਣੇ ਮਨ ਦੇ ਪਿਛੇ ਤੁਰਨ ਵਾਲੇ ਮਨੁੱਖ ਪਰਮਾਤਮਾ ਨਾਲ ਜਾਣ-ਪਛਾਣ ਤੋਂ ਸੱਖਣੇ ਰਹਿਣ ਦੇ ਕਾਰਨ ਗ਼ਲਤ ਜੀਵਨ-ਰਾਹ ਤੇ ਪਏ ਰਹਿੰਦੇ ਹਨ।

10063	231	ਹਰਿ ਨਾਮੁ ਬਿਸਾਰਿਆ ਬਹੁ ਕਰਮ ਦ੍ਰਿੜਾਏ॥		Har Naam Bisaariaa Bahu Karam Dhrirraaeae ||	They forget the Lord's Name, and in its place, they establish all sorts of rituals.	ਉਹ ਪਰਮਾਤਮਾ ਦਾ ਨਾਮ ਤਾਂ ਭੁਲਾ ਦੇਂਦੇ ਹਨ, ਪਰ (ਹੋਰ ਵਰਤ-ਨੇਮ ਆਦਿਕ) ਅਨੇਕਾਂ ਕਰਮ ਕਰਨ ਦੀ ਪਕਿਆਈ ਕਰਦੇ ਹਨ।
10064	231	ਭਵਜਲਿ ਡੂਬੇ ਦੂਜੈ ਭਾਏ॥੩॥		Bhavajal Ddoobae Dhoojai Bhaaeae ||3||	They drown in the terrifying world-ocean, in the love of duality. ||3||	ਅਜੇਹੇ ਮਨੁੱਖ ਪਰਮਾਤਮਾ ਤੋਂ ਬਿਨਾ ਹੋਰ ਪਿਆਰ ਵਿਚ ਫਸੇ ਰਹਿਣ ਕਰਕੇ ਸੰਸਾਰ-ਸਮੁੰਦਰ ਵਿਚ ਡੁੱਬੇ ਰਹਿੰਦੇ ਹਨ, (ਵਿਕਾਰਾਂ ਵਿਚ ਫਸੇ ਰਹਿੰਦੇ ਹਨ) ॥੩॥
10065	231	ਮਾਇਆ ਕਾ ਮੁਹਤਾਜੁ ਪੰਡਿਤੁ ਕਹਾਵੈ॥	(ਮੁਹਤਾਜੁ) ਅਧੀਨ	Maaeiaa Kaa Muhathaaj Panddith Kehaavai ||	Driven crazy, infatuated by Maya, they call themselves Pandits - religious scholars;	(ਹੇ ਭਾਈ! ਬ੍ਰਹਮਾ ਦੀ ਰਚੀ ਬਾਣੀ ਦਾ ਵਿਦਵਾਨ ਮਨੁੱਖ) ਮਾਇਆ ਦਾ ਤ੍ਰਿਸ਼ਨਾਲੂ ਰਹਿੰਦਾ ਹੋਇਆ ਭੀ (ਆਪਣੇ ਆਪ ਨੂੰ) ਪੰਡਿਤ ਅਖਵਾਂਦਾ ਹੈ,
10066	231	ਬਿਖਿਆ ਰਾਤਾ ਬਹੁਤੁ ਦੁਖੁ ਪਾਵੈ॥		Bikhiaa Raathaa Bahuth Dhukh Paavai ||	Stained with corruption, they suffer terrible pain.	ਮਾਇਆ ਦੇ ਮੋਹ ਵਿਚ ਫਸਿਆ ਹੋਇਆ (ਅੰਤਰ ਆਤਮੇ) ਉਹ ਬਹੁਤ ਦੁੱਖ ਸਹਿੰਦਾ ਰਹਿੰਦਾ ਹੈ।
10067	231	ਜਮ ਕਾ ਗਲਿ ਜੇਵੜਾ ਨਿਤ ਕਾਲੁ ਸੰਤਾਵੈ॥੪॥	(ਜੇਵੜਾ) ਰੱਸਾ। (ਸੰਤਾਵੈ) ਦੁਖੀ ਕਰਦਾ	Jam Kaa Gal Jaevarraa Nith Kaal Santhaavai ||4||	The noose of the Messenger of Death is around their necks; they are constantly tormented by death. ||4||	ਉਸ ਦੇ ਗਲ ਵਿਚ ਆਤਮਕ ਮੌਤ ਦਾ ਫਾਹਾ ਪਿਆ ਰਹਿੰਦਾ ਹੈ, ਆਤਮਕ ਮੌਤ ਉਸ ਨੂੰ ਸਦਾ ਦੁਖੀ ਰੱਖਦੀ ਹੈ ॥੪॥

10068	231	ਗੁਰਮੁਖਿ ਜਮਕਾਲੁ ਨੇੜਿ ਨ ਆਵੈ॥		Guramukh Jamakaal Naerr N Aavai ||	The Messenger of Death does not even approach the Gurmukhs.	(ਪਰ, ਹੇ ਭਾਈ!) ਆਤਮਕ ਮੌਤ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦੇ ਨੇੜੇ ਨਹੀਂ ਢੁੱਕਦੀ।
10069	231	ਹਉਮੈ ਦੂਜਾ ਸਬਦਿ ਜਲਾਵੈ॥		Houmai Dhoojaa Sabadh Jalaavai ||	Through the Word of the Shabad, they burn away their ego and duality.	ਉਹ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਆਪਣੇ ਅੰਦਰੋਂ) ਹਉਮੈ ਸਾੜ ਦੇਂਦਾ ਹੈ।
10070	231	ਨਾਮੇ ਰਾਤੇ ਹਰਿ ਗੁਣ ਗਾਵੈ॥੫॥		Naamae Raathae Har Gun Gaavai ||5||	Attuned to the Name, they sing the Glorious Praises of the Lord. ||5||	ਉਹ ਪਰਮਾਤਮਾ ਦੇ ਨਾਮ ਵਿਚ ਹੀ ਰੰਗਿਆ ਰਹਿ ਕੇ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੫॥
10071	231	ਮਾਇਆ ਦਾਸੀ ਭਗਤਾ ਕੀ ਕਾਰ ਕਮਾਵੈ॥		Maaeiaa Dhaasee Bhagathaa Kee Kaar Kamaavai ||	Maya is the slave of the Lord's devotees; it works for them.	(ਹੇ ਭਾਈ!) ਜੇਹੜੇ ਮਨੁੱਖ ਪਰਮਾਤਮਾ ਦੀ ਭਗਤੀ ਕਰਦੇ ਹਨ, ਮਾਇਆ ਉਹਨਾਂ ਦੀ ਦਾਸੀ ਬਣੀ ਰਹਿੰਦੀ ਹੈ, ਤੇ ਉਹਨਾਂ ਦੀਆਂ ਲੋੜਾਂ ਪੂਰੀਆਂ ਕਰਦੀ ਹੈ।
10072	231	ਚਰਣੀ ਲਾਗੈ ਤਾ ਮਹਲੁ ਪਾਵੈ॥		Charanee Laagai Thaa Mehal Paavai ||	One who falls at their feet attains the Mansion of the Lord's Presence.	ਜੇਹੜਾ ਮਨੁੱਖ ਉਹਨਾਂ ਭਗਤ ਜਨਾਂ ਦੀ ਚਰਨੀਂ ਲੱਗਦਾ ਹੈ, ਉਹ ਭੀ ਪ੍ਰਭੂ-ਚਰਨਾਂ ਵਿਚ ਟਿਕਾਣਾ ਪ੍ਰਾਪਤ ਕਰ ਲੈਂਦਾ ਹੈ।
10073	231	ਸਦ ਹੀ ਨਿਰਮਲੁ ਸਹਜਿ ਸਮਾਵੈ॥੬॥		Sadh Hee Niramal Sehaj Samaavai ||6||	He is forever immaculate; he is absorbed in intuitive peace. ||6||	ਉਹ ਭੀ ਸਦਾ ਹੀ ਪਵਿਤ੍ਰ ਮਨ ਵਾਲਾ ਹੋ ਜਾਂਦਾ ਹੈ ਤੇ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ॥੬॥

10074	231	ਹਰਿ ਕਥਾ ਸੁਣਹਿ ਸੇ ਧਨਵੰਤ ਦਿਸਹਿ ਜੁਗ ਮਾਹੀ॥	ਜੁੱਗ	Har Kathhaa Sunehi Sae Dhhanavanth Dhisehi Jug Maahee ||	Those who listen to the Lord's Sermon are seen to be the wealthy people in this world.	(ਹੇ ਭਾਈ!) ਜੇਹੜੇ ਮਨੁੱਖ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਸੁਣਦੇ ਹਨ, ਉਹ ਜਗਤ ਵਿਚ (ਪ੍ਰਤੱਖ) ਧਨਾਢ ਦਿੱਸਦੇ ਹਨ (ਉਹ ਮਾਇਆ ਦੀ ਤ੍ਰਿਸ਼ਨਾ ਵਿਚ ਨਹੀਂ ਭਟਕਦੇ ਫਿਰਦੇ)।
10075	231	ਤਿਨ ਕਉ ਸਭਿ ਨਿਵਹਿ ਅਨ ਦਿਨੁ ਪੂਜ ਕਰਾਹੀ॥		Thin Ko Sabh Nivehi Anadhin Pooj Karaahee ||	Everyone bows down to them, and adores them, night and day.	ਸਾਰੇ ਲੋਕ ਉਹਨਾਂ ਅੱਗੇ ਨਿਉਂਦੇ ਹਨ, ਤੇ ਹਰ ਵੇਲੇ ਉਹਨਾਂ ਦਾ ਆਦਰ-ਸਤਕਾਰ ਕਰਦੇ ਹਨ,
10076	231	ਸਹਜੇ ਗੁਣ ਰਵਹਿ ਸਾਚੇ ਮਨ ਮਾਹੀ॥੭॥		Sehajae Gun Ravehi Saachae Man Maahee ||7||	They intuitively savor the Glories of the True Lord within their minds. ||7||	(ਕਿਉਂਕਿ ਉਹ ਮਨੁੱਖ) ਆਤਮਕ ਅਡੋਲਤਾ ਵਿਚ ਟਿਕ ਕੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਗੁਣ ਆਪਣੇ ਮਨ ਵਿਚ ਚੇਤੇ ਕਰੀ ਰੱਖਦੇ ਹਨ ॥੭॥
10077	231	ਪੂਰੈ ਸਤਿਗੁਰਿ ਸਬਦੁ ਸੁਣਾਇਆ॥		Poorai Sathigur Sabadh Sunaaeiaa ||	The Perfect True Guru has revealed the Shabad;	(ਹੇ ਭਾਈ! ਜਿਸ ਮਨੁੱਖ ਨੂੰ) ਪੂਰੇ ਗੁਰੂ ਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਸੁਣਾਈ ਹੈ,

10078	231	ਤ੍ਰੈ ਗੁਣ ਮੇਟੇ ਚਉਥੈ ਚਿਤੁ ਲਾਇਆ॥		Thrai Gun Maettae Chouthhai Chith Laaeiaa ||	It eradicates the three qualities, and attunes the consciousness to the fourth state.	ਉਸ ਨੇ ਆਪਣੇ ਅੰਦਰੋਂ ਮਾਇਆ ਦੇ) ਤਿੰਨਾਂ ਗੁਣਾਂ ਦਾ ਪ੍ਰਭਾਵ ਮਿਟਾ ਲਿਆ ਹੈ, ਉਸ ਨੇ ਆਪਣਾ ਮਨ ਉਸ ਆਤਮਕ ਅਵਸਥਾ ਵਿਚ ਟਿਕਾ ਲਿਆ ਹੈ ਜਿੱਥੇ ਮਾਇਆ ਦੇ ਤਿੰਨ ਗੁਣ ਆਪਣਾ ਅਸਰ ਨਹੀਂ ਪਾ ਸਕਦੇ।
10079	231	ਨਾਨਕ ਹਉਮੈ ਮਾਰਿ ਬ੍ਰਹਮ ਮਿਲਾਇਆ॥੮॥੪॥		Naanak Houmai Maar Breham Milaaeiaa ||8||4||	O Nanak, subduing egotism, one is absorbed into God. ||8||4||	ਹੇ ਨਾਨਕ! (ਗੁਰੂ ਨੇ ਉਸ ਦੇ ਅੰਦਰੋਂ) ਹਉਮੈ ਮਾਰ ਕੇ ਉਸ ਨੂੰ ਪਰਮਾਤਮਾ ਦੇ ਨਾਲ ਜੋੜ ਦਿੱਤਾ ਹੈ ॥੮॥੪॥
10080	231	ਗਉੜੀ ਮਹਲਾ ੩॥		Gourree Mehalaa 3 ||	Gauree, Third Mehl:	
10081	231	ਬ੍ਰਹਮਾ ਵੇਦੁ ਪੜੈ ਵਾਦੁ ਵਖਾਣੈ॥	ਪੜ੍ਹੈ	Brehamaa Vaedh Parrai Vaadh Vakhaanai ||	Brahma studied the Vedas, but these lead only to debates and disputes.	(ਹੇ ਭਾਈ! ਪੰਡਿਤ ਉਸ) ਵੇਦ ਨੂੰ ਪੜ੍ਹਦਾ ਹੈ (ਜੇਹੜਾ ਉਹ) ਬ੍ਰਹਮਾ ਦਾ ਉਚਾਰਿਆ ਹੋਇਆ (ਸਮਝਦਾ ਹੈ, ਉਸ ਦੇ ਆਸਰੇ) ਬਹਸ (ਦੀਆਂ ਗੱਲਾਂ) ਸੁਣਾਂਦਾ ਹੈ,
10082	231	ਅੰਤਰਿ ਤਾਮਸੁ ਆਪੁ ਨ ਪਛਾਣੈ॥	(ਤਾਮਸੁ) ਤਮੋ ਗੁਣ	Anthar Thaamas Aap N Pashhaanai ||	He is filled with darkness; he does not understand himself.	ਪਰ ਉਸ ਦੇ ਆਪਣੇ ਅੰਦਰ ਆਤਮਕ ਜੀਵਨ ਵਲੋਂ ਹਨੇਰਾ ਹੀ ਰਹਿੰਦਾ ਹੈ, ਕਿਉਂਕਿ ਉਹ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਹੀ ਨਹੀਂ।

10083	231	ਤਾ ਪ੍ਰਭੁ ਪਾਏ ਗੁਰ ਸਬਦੁ ਵਖਾਣੈ॥੧॥	(ਵਖਾਣੈ) ਉਚਾਰੇ	Thaa Prabh Paaeae Gur Sabadh Vakhaanai ||1||	And yet, if he chants the Word of the Guru's Shabad, he finds God. ||1||	ਜਦੋਂ ਮਨੁੱਖ ਗੁਰੂ ਦਾ ਸ਼ਬਦ (ਜੋ ਪ੍ਰਭੂ ਦੀ ਸਿਫ਼ਤ-ਸਾਲਾਹ ਨਾਲ ਭਰਪੂਰ ਹੈ) ਉਚਾਰਦਾ ਹੈ, ਤਦੋਂ ਹੀ ਪ੍ਰਭੂ ਦਾ ਮਿਲਾਪ ਹਾਸਲ ਕਰਦਾ ਹੈ ॥੧॥
10084	231	ਗੁਰ ਸੇਵਾ ਕਰਉ ਫਿਰਿ ਕਾਲੁ ਨ ਖਾਇ॥		Gur Saevaa Karo Fir Kaal N Khaae ||	So serve the Guru, and you shall not be consumed by death.	(ਹੇ ਭਾਈ!) ਮੈਂ (ਤਾਂ) ਗੁਰੂ ਦੀ ਸੇਵਾ ਕਰਦਾ ਹਾਂ (ਮੈਂ ਤਾਂ ਗੁਰੂ ਦੀ ਸਰਨ ਪਿਆ ਹਾਂ। ਜੇਹੜਾ ਮਨੁੱਖ ਗੁਰੂ ਦਾ ਅਸਰ ਲੈਂਦਾ ਹੈ ਉਸ ਨੂੰ) ਮੁੜ ਕਦੇ ਆਤਮਕ ਮੌਤ ਨਹੀਂ ਖਾਂਦੀ (ਆਤਮਕ ਮੌਤ ਉਸ ਦੇ ਆਤਮਕ ਜੀਵਨ ਨੂੰ ਤਬਾਹ ਨਹੀਂ ਕਰਦੀ)।
10085	231	ਮਨਮੁਖ ਖਾਧੇ ਦੂਜੈ ਭਾਇ॥੧॥ਰਹਾਉ॥		Manamukh Khaadhhae Dhoojai Bhaae ||1|| Rehaao ||	The self-willed manmukhs have been consumed by the love of duality. ||1||Pause||	(ਪਰ) ਜੇਹੜੇ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦੇ ਹਨ, ਮਾਇਆ ਦੇ ਪਿਆਰ ਵਿਚ (ਫਸਣ ਕਰਕੇ) ਉਹਨਾਂ ਦੇ ਆਤਮਕ ਜੀਵਨ ਖ਼ਤਮ ਹੋ ਜਾਂਦੇ ਹਨ ॥੧॥ ਰਹਾਉ ॥
10086	231	ਗੁਰਮੁਖਿ ਪ੍ਰਾਣੀ ਅਪਰਾਧੀ ਸੀਧੇ॥	(ਸੀੱਧੇ) ਸ਼ੁੱਧ	Guramukh Praanee Aparaadhhee Seedhhae ||	Becoming Gurmukh, the sinful mortals are purified.	(ਹੇ ਭਾਈ!) ਪਾਪੀ ਮਨੁੱਖ ਭੀ ਗੁਰੂ ਦੀ ਸਰਨ ਪੈ ਕੇ ਆਪਣਾ ਜੀਵਨ ਸਫਲ ਕਰ ਲੈਂਦੇ ਹਨ।
10087	231	ਗੁਰ ਕੈ ਸਬਦਿ ਅੰਤਰਿ ਸਹਜਿ ਰੀਧੇ॥	(ਰੀੱਧੇ) ਰੀਝੇ, ਲੀਨ ਹੋਏ	Gur Kai Sabadh Anthar Sehaj Reedhhae ||	Through the Word of the Guru's Shabad, they find intuitive peace and poise deep within.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਆਤਮਕ ਅਡੋਲਤਾ ਵਿਚ ਟਿਕ ਜਾਂਦੇ ਹਨ।

10088	231	ਮੇਰਾ ਪ੍ਰਭੁ ਪਾਇਆ ਗੁਰ ਕੈ ਸਬਦਿ ਸੀਧੇ॥੨॥		Maeraa Prabh Paaeiaa Gur Kai Sabadh Seedhhae ||2||	I have found my God, through the Guru's Shabad, and I have been reformed. ||2||	ਉਹਨਾਂ ਦੇ ਅੰਦਰ ਪ੍ਰਭੂ-ਮਿਲਾਪ ਦੀ ਰੀਝ ਪੈਦਾ ਹੋ ਜਾਂਦੀ ਹੈ, ਉਹ ਪ੍ਰਭੂ ਨੂੰ ਮਿਲ ਪੈਂਦੇ ਹਨ, ਗੁਰੂ ਦੇ ਸ਼ਬਦ ਦੀ ਰਾਹੀਂ ਉਹ ਸਫਲ ਜੀਵਨ ਵਾਲੇ ਹੋ ਜਾਂਦੇ ਹਨ ॥੨॥
10089	231	ਸਤਿਗੁਰਿ ਮੇਲੇ ਪ੍ਰਭਿ ਆਪਿ ਮਿਲਾਏ॥		Sathigur Maelae Prabh Aap Milaaeae ||	God Himself unites us in Union with the True Guru,	(ਹੇ ਭਾਈ!) ਜਿਨ੍ਹਾਂ ਨੂੰ ਗੁਰੂ ਨੇ (ਆਪਣੇ ਸ਼ਬਦ ਵਿਚ) ਜੋੜਿਆ ਹੈ, ਉਹਨਾਂ ਨੂੰ ਪ੍ਰਭੂ ਨੇ ਆਪਣੇ ਚਰਨਾਂ ਵਿਚ ਮਿਲਾ ਲਿਆ ਹੈ।
10090	231	ਮੇਰੇ ਪ੍ਰਭ ਸਾਚੇ ਕੈ ਮਨਿ ਭਾਏ॥		Maerae Prabh Saachae Kai Man Bhaaeae ||	When we become pleasing to the Mind of my True God.	ਉਹ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਮਨ ਵਿਚ ਪਿਆਰੇ ਲੱਗਣ ਲੱਗ ਪੈਂਦੇ ਹਨ।
10091	231	ਹਰਿ ਗੁਣ ਗਾਵਹਿ ਸਹਜਿ ਸੁਭਾਏ॥੩॥		Har Gun Gaavehi Sehaj Subhaaeae ||3||	They sing the Glorious Praises of the Lord, in the poise of celestial peace. ||3||	ਉਹ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਜੁੜ ਕੇ ਪ੍ਰਭੂ ਦੇ ਗੁਣ ਗਾਂਦੇ ਹਨ ॥੩॥
10092	231	ਬਿਨੁ ਗੁਰ ਸਾਚੇ ਭਰਮਿ ਭੁਲਾਏ॥		Bin Gur Saachae Bharam Bhulaaeae ||	Without the True Guru, they are deluded by doubt.	(ਹੇ ਭਾਈ!) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਸਦਾ-ਥਿਰ ਪ੍ਰਭੂ ਦੇ ਰੂਪ ਗੁਰੂ ਤੋਂ ਖੁੰਝ ਕੇ ਭਟਕਣਾ ਦੇ ਕਾਰਨ ਕੁਰਾਹੇ ਪਏ ਰਹਿੰਦੇ ਹਨ।

10093	231	ਮਨਮੁਖ ਅੰਧੇ ਸਦਾ ਬਿਖੁ ਖਾਏ॥		Manamukh Andhhae Sadhaa Bikh Khaaeae ||	The blind, self-willed manmukhs constantly eat poison.	ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਹੋਏ ਉਹ ਸਦਾ (ਇਹ ਮੋਹ ਦਾ ਜ਼ਹਰ ਹੀ ਖਾਂਦੇ ਰਹਿੰਦੇ ਹਨ,
10094	231	ਜਮ ਡੰਡੁ ਸਹਹਿ ਸਦਾ ਦੁਖੁ ਪਾਏ॥੪॥		Jam Ddandd Sehehi Sadhaa Dhukh Paaeae ||4||	They are beaten by the Messenger of Death with his rod, and they suffer in constant pain. ||4||	ਜਿਸ ਕਰਕੇ ਉਹ ਆਤਮਕ ਮੌਤ ਦੀ ਸਜ਼ਾ ਸਹਿੰਦੇ ਹਨ ਤੇ ਸਦਾ ਦੁੱਖ ਪਾਂਦੇ ਹਨ ॥੪॥
10095	231	ਜਮੂਆ ਨ ਜੋਹੈ ਹਰਿ ਕੀ ਸਰਣਾਈ॥	(ਜੋਹੈ) ਦੇਖੇ। ਜਮੂਆ: ਪੋਲਾ ਬੋਲੋ	Jamooaa N Johai Har Kee Saranaaee ||	The Messenger of Death does not catch sight of those who enter the Sanctuary of the Lord.	(ਹੇ ਭਾਈ! ਜੇਹੜਾ ਮਨੁੱਖ) ਪਰਮਾਤਮਾ ਦੀ ਸਰਨ ਪਿਆ ਰਹਿੰਦਾ ਹੈ, ਵਿਚਾਰਾ ਜਮ ਉਸ ਵਲ ਤੱਕ ਭੀ ਨਹੀਂ ਸਕਦਾ (ਆਤਮਕ ਮੌਤ ਉਸ ਦੇ ਨੇੜੇ ਨਹੀਂ ਢੁੱਕਦੀ)।
10096	231	ਹਉਮੈ ਮਾਰਿ ਸਚਿ ਲਿਵ ਲਾਈ॥		Houmai Maar Sach Liv Laaee ||	Subduing egotism, they lovingly center their consciousness on the True Lord.	ਉਹ ਮਨੁੱਖ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ ਸਦਾ-ਥਿਰ ਪ੍ਰਭੂ (ਦੇ ਚਰਨਾਂ) ਵਿਚ ਸੁਰਤ ਜੋੜੀ ਰੱਖਦਾ ਹੈ।
10097	231	ਸਦਾ ਰਹੈ ਹਰਿ ਨਾਮਿ ਲਿਵ ਲਾਈ॥੫॥		Sadhaa Rehai Har Naam Liv Laaee ||5||	They keep their consciousness constantly focused on the Lord's Name. ||5||	ਉਹ ਸਦਾ ਪਰਮਾਤਮਾ ਦੇ ਨਾਮ ਵਿਚ ਲਿਵ ਲਾਈ ਰੱਖਦਾ ਹੈ ॥੫॥
10098	231	ਸਤਿਗੁਰੁ ਸੇਵਹਿ ਸੇ ਜਨ ਨਿਰਮਲ ਪਵਿਤਾ॥	ਪਵਿੱਤਾ	Sathigur Saevehi Sae Jan Niramal Pavithaa ||	Those humble beings who serve the True Guru are pure and immaculate.	(ਹੇ ਭਾਈ!) ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ ਪਵਿਤ੍ਰ ਤੇ ਸੁੱਚੇ ਜੀਵਨ ਵਾਲੇ ਬਣ ਜਾਂਦੇ ਹਨ।

10099	231	ਮਨ ਸਿਉ ਮਨੁ ਮਿਲਾਇ ਸਭੁ ਜਗੁ ਜੀਤਾ॥	ਜੱਗੁ	Man Sio Man Milaae Sabh Jag Jeethaa ||	Merging their minds into the Mind, they conquer the entire world.	ਉਹ ਗੁਰੂ ਦੇ ਮਨ ਨਾਲ ਆਪਣਾ ਮਨ ਜੋੜ ਕੇ (ਗੁਰੂ ਦੀ ਰਜ਼ਾ ਵਿਚ ਤੁਰ ਕੇ) ਸਾਰੇ ਜਗਤ ਨੂੰ ਜਿੱਤ ਲੈਂਦੇ ਹਨ (ਕੋਈ ਵਿਕਾਰ ਉਹਨਾਂ ਉਤੇ ਆਪਣਾ ਪ੍ਰਭਾਵ ਨਹੀਂ ਪਾ ਸਕਦਾ)।
10100	231	ਇਨ ਬਿਧਿ ਕੁਸਲੁ ਤੇਰੈ ਮੇਰੇ ਮੀਤਾ॥੬॥	ਕੁਸਲੁ:ਪੋਲਾ ਬੋਲੋ ਮਿਲਵਾਂ। (ਕੁਸਲੁ) ਸੁਖ। ਬਿਧਿ: ਪੋਲਾ ਬੋਲੋ	Ein Bidhh Kusal Thaerai Maerae Meethaa ||6||	In this way, you too shall find happiness, O my friend. ||6||	ਹੇ ਮੇਰੇ ਮਿੱਤਰ! (ਜੇ ਤੂੰ ਭੀ ਗੁਰੂ ਦੀ ਸਰਨ ਪਏਂ, ਤਾਂ) ਇਸ ਤਰੀਕੇ ਨਾਲ ਤੇਰੇ ਅੰਦਰ ਭੀ ਆਨੰਦ ਬਣਿਆ ਰਹੇਗਾ ॥੬॥
10101	231	ਸਤਿਗੁਰੂ ਸੇਵੇ ਸੋ ਫਲੁ ਪਾਏ॥		Sathiguroo Saevae So Fal Paaeae ||	Those who serve the True Guru are blessed with fruitful rewards.	(ਹੇ ਭਾਈ!) ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ (ਇਹ) ਫਲ ਹਾਸਲ ਕਰਦਾ ਹੈ,
10102	231	ਹਿਰਦੈ ਨਾਮੁ ਵਿਚਹੁ ਆਪੁ ਗਵਾਏ॥		Hiradhai Naam Vichahu Aap Gavaaeae ||	The Naam, the Name of the Lord, abides in their hearts; selfishness and conceit depart from within them.	(ਕਿ) ਉਸ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ, ਉਹ ਆਪਣੇ ਅੰਦਰੋਂ ਆਪਾ-ਭਾਵ (ਹਉਮੈ ਅਹੰਕਾਰ) ਦੂਰ ਕਰ ਲੈਂਦਾ ਹੈ।

10103	231	ਅਨਹਦ ਬਾਣੀ ਸਬਦੁ ਵਜਾਏ॥੭॥		Anehadh Baanee Sabadh Vajaaeae ||7||	The unstruck melody of the Shabad vibrates for them. ||7||	(ਜਿਵੇਂ ਢੋਲ ਵੱਜਿਆਂ ਕੋਈ ਨਿੱਕਾ-ਮੋਟਾ ਹੋਰ ਖੜਾਕ ਸੁਣਾਈ ਨਹੀਂ ਦੇਂਦਾ) ਉਹ ਮਨੁੱਖ (ਆਪਣੇ ਅੰਦਰ) ਇਕ-ਰਸ ਸਿਫ਼ਤ-ਸਾਲਾਹ ਦੀ ਬਾਣੀ ਸਿਫ਼ਤ-ਸਾਲਾਹ ਦਾ ਸ਼ਬਦ ਉਜਾਗਰ ਕਰਦਾ ਹੈ (ਜਿਸ ਦੀ ਬਰਕਤਿ ਨਾਲ ਕੋਈ ਹੋਰ ਮੰਦੀ ਪ੍ਰੇਰਨਾ ਅਸਰ ਨਹੀਂ ਪਾ ਸਕਦੀ ॥੭॥
10104	231	ਸਤਿਗੁਰ ਤੇ ਕਵਨੁ ਕਵਨੁ ਨ ਸੀਧੋ ਮੇਰੇ ਭਾਈ॥	(ਸੀਧੋ) ਮੁਕਤ	Sathigur Thae Kavan Kavan N Seedhho Maerae Bhaaee ||	Who - who has not been purified by the True Guru, O my Siblings of Destiny?	ਹੇ ਮੇਰੇ ਭਾਈ! ਗੁਰੂ ਦੀ ਸਰਨ ਪਿਆਂ ਕੇਹੜਾ ਕੇਹੜਾ ਮਨੁੱਖ (ਜੀਵਨ ਵਿਚ) ਕਾਮਯਾਬ ਨਹੀਂ ਹੁੰਦਾ? (ਜੇਹੜਾ ਭੀ ਮਨੁੱਖ ਗੁਰੂ ਦਾ ਪੱਲਾ ਫੜਦਾ ਹੈ, ਉਸ ਦੀ ਜ਼ਿੰਦਗੀ ਸਫਲ ਹੋ ਜਾਂਦੀ ਹੈ)।
10105	231	ਭਗਤੀ ਸੀਧੇ ਦਰਿ ਸੋਭਾ ਪਾਈ॥	(ਸੀਧੋ) ਸ਼ੁੱਧ	Bhagathee Seedhhae Dhar Sobhaa Paaee ||	The devotees are purified, and honored in His Court.	(ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੀ ਭਗਤੀ ਦੀ ਬਰਕਤਿ ਨਾਲ ਮਨੁੱਖ ਕਾਮਯਾਬ ਜੀਵਨ ਵਾਲੇ ਹੋ ਜਾਂਦੇ ਹਨ।
10106	231	ਨਾਨਕ ਰਾਮ ਨਾਮਿ ਵਡਿਆਈ॥੮॥੫॥		Naanak Raam Naam Vaddiaaee ||8||5||	O Nanak, greatness is in the Lord's Name. ||8||5||	ਹੇ ਨਾਨਕ! (ਆਖ-) ਪ੍ਰਭੂ ਦੇ ਦਰ ਤੇ ਉਹਨਾਂ ਨੂੰ ਸੋਭਾ ਮਿਲਦੀ ਹੈ, ਪਰਮਾਤਮਾ ਦੇ ਨਾਮ ਦੀ ਬਰਕਤਿ ਨਾਲ ਉਹਨਾਂ ਨੂੰ (ਹਰ ਥਾਂ) ਵਡਿਆਈ ਮਿਲਦੀ ਹੈ ॥੮॥੫॥

10107	231	ਗਉੜੀ ਮਹਲਾ ੩॥		Gourree Mehalaa 3 ||	Gauree, Third Mehl:	
10108	231	ਤ੍ਰੈ ਗੁਣ ਵਖਾਣੈ ਭਰਮੁ ਨ ਜਾਇ॥	(ਵਖਾਣੈ) ਬਿਆਨ ਕਰੇ	Thrai Gun Vakhaanai Bharam N Jaae ||	Those who speak of the three qualities - their doubts do not depart.	(ਪਰ, ਹੇ ਭਾਈ!) ਜੇਹੜਾ ਮਨੁੱਖ ਮਾਇਆ ਦੇ ਪਸਾਰੇ ਦੀਆਂ ਗੱਲਾਂ ਵਿਚ ਹੀ ਦਿਲ-ਚਸਪੀ ਰੱਖਦਾ ਹੈ, ਉਸ ਦੇ ਮਨ ਦੀ ਭਟਕਣਾ ਦੂਰ ਨਹੀਂ ਹੋ ਸਕਦੀ।
10109	231	ਬੰਧਨ ਨ ਤੂਟਹਿ ਮੁਕਤਿ ਨ ਪਾਇ॥		Bandhhan N Thoottehi Mukath N Paae ||	Their bonds are not broken, and they do not obtain liberation.	ਉਸ ਦੇ (ਮਾਇਆ ਦੇ ਮੋਹ ਦੇ) ਬੰਧਨ ਨਹੀਂ ਟੁੱਟਦੇ, ਉਸ ਨੂੰ (ਮਾਇਆ ਦੇ ਮੋਹ ਤੋਂ) ਖ਼ਲਾਸੀ ਪ੍ਰਾਪਤ ਨਹੀਂ ਹੁੰਦੀ।
10110	231	ਮੁਕਤਿ ਦਾਤਾ ਸਤਿਗੁਰੁ ਜੁਗ ਮਾਹਿ॥੧॥	ਜੁੱਗ	Mukath Dhaathaa Sathigur Jug Maahi ||1||	The True Guru is the Bestower of liberation in this age. ||1||	(ਹੇ ਭਾਈ!) ਜਗਤ ਵਿਚ ਮਾਇਆ ਦੇ ਮੋਹ ਤੋਂ ਖ਼ਲਾਸੀ ਦੇਣ ਵਾਲਾ (ਸਿਰਫ਼) ਗੁਰੂ (ਹੀ) ਹੈ ॥੧॥
10111	231	ਗੁਰਮੁਖਿ ਪ੍ਰਾਣੀ ਭਰਮੁ ਗਵਾਇ॥		Guramukh Praanee Bharam Gavaae ||	Those mortals who become Gurmukh give up their doubts.	(ਹੇ ਭਾਈ!) ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਆਪਣੇ ਮਨ ਦੀ ਭਟਕਣਾ ਦੂਰ ਕਰ ਲੈਂਦਾ ਹੈ,
10112	231	ਸਹਜ ਧੁਨਿ ਉਪਜੈ ਹਰਿ ਲਿਵ ਲਾਇ॥੧॥ਰਹਾਉ॥		Sehaj Dhhun Oupajai Har Liv Laae ||1|| Rehaao ||	The celestial music wells up, when they lovingly attune their consciousness to the Lord. ||1||Pause||	ਉਸ ਦੇ ਅੰਦਰ ਆਤਮਕ ਅਡੋਲਤਾ ਦੀ ਰੌ ਪੈਦਾ ਹੋ ਜਾਂਦੀ ਹੈ (ਕਿਉਂਕਿ ਗੁਰੂ ਦੀ ਕ੍ਰਿਪਾ ਨਾਲ) ਉਹ ਪਰਮਾਤਮਾ ਵਿੱਚ ਸੁਰਤ ਜੋੜੀ ਰੱਖਦਾ ਹੈ ॥੧॥ ਰਹਾਉ ॥

10113	231	ਤ੍ਰੈ ਗੁਣ ਕਾਲੈ ਕੀ ਸਿਰਿ ਕਾਰਾ॥		Thrai Gun Kaalai Kee Sir Kaaraa ||	Those who are controlled by the three qualities have death hovering over their heads.	(ਹੇ ਭਾਈ!) ਮਾਇਆ ਦੇ ਪਸਾਰੇ ਵਿਚ ਦਿਲ-ਚਸਪੀ ਰੱਖਣ ਵਾਲਿਆਂ ਦੇ ਸਿਰ ਉਤੇ (ਸਦਾ) ਆਤਮਕ ਮੌਤ ਦਾ ਹੁਕਮ ਚੱਲਦਾ ਹੈ,
10114	232	ਨਾਮੁ ਨ ਚੇਤਹਿ ਉਪਾਵਣਹਾਰਾ॥		Naam N Chaethehi Oupaavanehaaraa ||	They do not remember the Name of the Creator Lord.	ਉਹ ਸਿਰਜਣਹਾਰ ਪਰਮਾਤਮਾ ਦਾ ਨਾਮ ਕਦੇ ਯਾਦ ਨਹੀਂ ਕਰਦੇ।
10115	232	ਮਰਿ ਜੰਮਹਿ ਫਿਰਿ ਵਾਰੋ ਵਾਰਾ॥੨॥		Mar Janmehi Fir Vaaro Vaaraa ||2||	They die, and are reborn, over and over, again and again. ||2||	ਉਹ ਮੁੜ ਮੁੜ (ਜਗਤ ਵਿਚ) ਜੰਮਦੇ ਹਨ, ਮਰਦੇ ਹਨ, ਜੰਮਦੇ ਹਨ ਮਰਦੇ ਹਨ ॥੨॥
10116	232	ਅੰਧੇ ਗੁਰੂ ਤੇ ਭਰਮੁ ਨ ਜਾਈ॥		Andhhae Guroo Thae Bharam N Jaaee ||	Those whose guru is spiritually blind - their doubts are not dispelled.	(ਪਰ, ਹੇ ਭਾਈ! ਮਾਇਆ ਦੇ ਮੋਹ ਵਿਚ ਆਪ) ਅੰਨ੍ਹੇ ਹੋਏ ਹੋਏ ਗੁਰੂ ਪਾਸੋਂ (ਸਰਨ ਆਏ ਸੇਵਕ ਦੇ ਮਨ ਦੀ) ਭਟਕਣਾ ਦੂਰ ਨਹੀਂ ਹੋ ਸਕਦੀ।
10117	232	ਮੂਲੁ ਛੋਡਿ ਲਾਗੇ ਦੂਜੈ ਭਾਈ॥		Mool Shhodd Laagae Dhoojai Bhaaee ||	Abandoning the Source of all, they have become attached to the love of duality.	(ਅਜੇਹੇ ਗੁਰੂ ਦੀ ਸਰਨ ਪੈ ਕੇ ਤਾਂ ਮਨੁੱਖ ਸਗੋਂ) ਜਗਤ ਦੇ ਮੂਲ-ਕਰਤਾਰ ਨੂੰ ਛੱਡ ਕੇ ਮਾਇਆ ਦੇ ਮੋਹ ਵਿਚ ਫਸਦੇ ਹਨ।
10118	232	ਬਿਖੁ ਕਾ ਮਾਤਾ ਬਿਖੁ ਮਾਹਿ ਸਮਾਈ॥੩॥	(ਮੱਤਾ) ਮਸਤ	Bikh Kaa Maathaa Bikh Maahi Samaaee ||3||	Infected with poison, they are immersed in poison. ||3||	(ਆਤਮਕ ਮੌਤ ਪੈਦਾ ਕਰਨ ਵਾਲੀ ਮਾਇਆ ਦੇ) ਜ਼ਹਰ ਵਿਚ ਮਸਤ ਹੋਇਆ ਮਨੁੱਖ ਉਸ ਜ਼ਹਰ ਵਿਚ ਹੀ ਮਗਨ ਰਹਿੰਦਾ ਹੈ ॥੩॥

10119	232	ਮਾਇਆ ਕਰਿ ਮੂਲੁਜੰਤ੍ਰ ਭਰਮਾਏ॥	(ਮੂਲੁਜੰਤ੍ਰ) ਚੰਡੋਲ। (ਦੂਜਾ ਪਾਠ: ਮੂਲੁ ਜੰਤ੍ਰ)	Maaeiaa Kar Mool Janthr Bharamaaeae ||	Believing Maya to be the source of all, they wander in doubt.	(ਅਭਾਗੀ) ਮਨੁੱਖ ਮਾਇਆ ਨੂੰ (ਜ਼ਿੰਦਗੀ ਦਾ) ਆਸਰਾ ਬਣਾ ਕੇ (ਮਾਇਆ ਦੀ ਖ਼ਾਤਰ ਹੀ) ਭਟਕਦੇ ਰਹਿੰਦੇ ਹਨ,
10120	232	ਹਰਿ ਜੀਉ ਵਿਸਰਿਆ ਦੂਜੈ ਭਾਏ॥		Har Jeeo Visariaa Dhoojai Bhaaeae ||	They have forgotten the Dear Lord, and they are in love with duality.	ਮਾਇਆ ਦੇ ਪਿਆਰ ਦੇ ਕਾਰਨ ਉਹਨਾਂ ਨੂੰ ਪਰਮਾਤਮਾ ਭੁਲਿਆ ਰਹਿੰਦਾ ਹੈ।
10121	232	ਜਿਸੁ ਨਦਰਿ ਕਰੇ ਸੋ ਪਰਮਗਤਿ ਪਾਏ॥੪॥		Jis Nadhar Karae So Param Gath Paaeae ||4||	The supreme status is obtained only by those who are blessed with His Glance of Grace. ||4||	(ਪਰ, ਹੇ ਭਾਈ!) ਜਿਸ ਮਨੁੱਖ ਉੱਤੇ ਪਰਮਾਤਮਾ ਰਹਿਮ ਦੀ ਨਿਗਾਹ ਕਰਦਾ ਹੈ, ਉਹ ਮਨੁੱਖ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ (ਜਿੱਥੇ ਮਾਇਆ ਦਾ ਮੋਹ ਪੋਹ ਨਹੀਂ ਸਕਦਾ) ॥੪॥
10122	232	ਅੰਤਰਿ ਸਾਚੁ ਬਾਹਰਿ ਸਾਚੁ ਵਰਤਾਏ॥	ਬਾ-ਹਰਿ: ਹਾਹਾ ਮੁਕਤਾ ਰਾਰੇ ਸਿਹਾਰੀ ਲਾ ਕੇ	Anthar Saach Baahar Saach Varathaaeae ||	One who has Truth pervading within, radiates Truth outwardly as well.	(ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਗੁਰੂ ਉਸ ਦੇ) ਹਿਰਦੇ ਵਿਚ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਪਰਕਾਸ਼ ਕਰ ਦੇਂਦਾ ਹੈ, ਜਗਤ ਨਾਲ ਵਰਤਣ-ਵਰਤਾਵ ਕਰਦਿਆਂ ਭੀ ਸਾਰੇ ਜਗਤ ਵਿਚ ਉਸ ਨੂੰ ਸਦਾ-ਥਿਰ ਪ੍ਰਭੂ ਵਿਖਾ ਦੇਂਦਾ ਹੈ।

10123	232	ਸਾਚੁ ਨ ਛਪੈ ਜੇ ਕੋ ਰਖੈ ਛਪਾਏ॥		Saach N Shhapai Jae Ko Rakhai Shhapaaeae ||	The Truth does not remain hidden, even though one may try to hide it.	(ਜਿਸ ਮਨੁੱਖ ਦੇ ਅੰਦਰ ਬਾਹਰ ਪ੍ਰਭੂ ਦਾ ਪਰਕਾਸ਼ ਹੋ ਜਾਏ), ਉਹ ਜੇ ਇਸ (ਮਿਲੀ ਦਾਤਿ) ਨੂੰ ਲੁਕਾ ਕੇ ਰੱਖਣ ਦਾ ਜਤਨ ਭੀ ਕਰੇ ਤਾਂ ਭੀ ਸਦ-ਥਿਰ ਪ੍ਰਭੂ (ਦਾ ਪਰਕਾਸ਼) ਲੁਕਦਾ ਨਹੀਂ।
10124	232	ਗਿਆਨੀ ਬੂਝਹਿ ਸਹਜਿ ਸੁਭਾਏ॥੫॥	ਬੂੱਝਹਿ	Giaanee Boojhehi Sehaj Subhaaeae ||5||	The spiritually wise know this intuitively. ||5||	ਪਰਮਾਤਮਾ ਨਾਲ ਡੂੰਘੀ ਸਾਂਝ ਰੱਖਣ ਵਾਲੇ ਮਨੁੱਖ ਆਤਮਕ ਅਡੋਲਤਾ ਵਿਚ (ਟਿਕ ਕੇ) ਪ੍ਰਭੂ-ਪ੍ਰੇਮ ਵਿਚ ਜੁੜ ਕੇ (ਇਸ ਅਸਲੀਅਤ ਨੂੰ) ਸਮਝ ਲੈਂਦੇ ਹਨ ॥੫॥
10125	232	ਗੁਰਮੁਖਿ ਸਾਚਿ ਰਹਿਆ ਲਿਵ ਲਾਏ॥		Guramukh Saach Rehiaa Liv Laaeae ||	The Gurmukhs keep their consciousness lovingly centered on the Lord.	(ਹੇ ਭਾਈ!) ਗੁਰੂ ਦੀ ਸਰਨ ਪੈਣ ਵਾਲਾ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਆਪਣੀ ਸੁਰਤ ਜੋੜੀ ਰੱਖਦਾ ਹੈ,
10126	232	ਹਉਮੈ ਮਾਇਆ ਸਬਦਿ ਜਲਾਏ॥		Houmai Maaeiaa Sabadh Jalaaeae ||	Ego and Maya are burned away by the Word of the Shabad.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ (ਆਪਣੇ ਅੰਦਰੋਂ) ਹਉਮੈ ਤੇ ਮਾਇਆ (ਦਾ ਮੋਹ) ਸਾੜ ਲੈਂਦਾ ਹੈ।
10127	232	ਮੇਰਾ ਪ੍ਰਭੁ ਸਾਚਾ ਮੇਲਿ ਮਿਲਾਏ॥੬॥		Maeraa Prabh Saachaa Mael Milaaeae ||6||	My True God unites them in His Union. ||6||	(ਇਸ ਤਰ੍ਹਾਂ) ਸਦਾ-ਥਿਰ ਰਹਿਣ ਵਾਲਾ ਪਿਆਰਾ ਪ੍ਰਭੂ ਉਸ ਨੂੰ ਆਪਣੇ ਚਰਨਾਂ ਵਿਚ ਮਿਲਾਈ ਰੱਖਦਾ ਹੈ ॥੬॥

10128	232	ਸਤਿਗੁਰੁ ਦਾਤਾ ਸਬਦੁ ਸੁਣਾਏ॥		Sathigur Dhaathaa Sabadh Sunaaeae ||	The True Guru, The Giver, preaches the Shabad.	(ਹੇ ਭਾਈ! ਪਰਮਾਤਮਾ ਦੇ ਨਾਮ ਦੀ) ਦਾਤ ਦੇਣ ਵਾਲਾ ਸਤਿਗੁਰੂ ਜਿਸ ਮਨੁੱਖ ਨੂੰ ਆਪਣਾ ਸ਼ਬਦ ਸੁਣਾਂਦਾ ਹੈ,
10129	232	ਧਾਵਤੁ ਰਾਖੈ ਠਾਕਿ ਰਹਾਏ॥		Dhhaavath Raakhai Thaak Rehaaeae ||	He controls, and restrains, and holds still the wandering mind.	ਉਹ ਮਾਇਆ ਦੇ ਪਿੱਛੇ ਭਟਕਦੇ ਆਪਣੇ ਮਨ ਨੂੰ (ਮਾਇਆ ਦੇ ਮੋਹ ਵਲੋਂ) ਬਚਾ ਲੈਂਦਾ ਹੈ, ਰੋਕ ਕੇ ਕਾਬੂ ਕਰ ਲੈਂਦਾ ਹੈ।
10130	232	ਪੂਰੇ ਗੁਰ ਤੇ ਸੋਝੀ ਪਾਏ॥੭॥		Poorae Gur Thae Sojhee Paaeae ||7||	Understanding is obtained through the Perfect Guru. ||7||	ਪੂਰੇ ਗੁਰੂ ਪਾਸੋਂ ਉਹ ਮਨੁੱਖ (ਜੀਵਨ-ਜੁਗਤਿ ਦੀ ਸਹੀ) ਸਮਝ ਹਾਸਲ ਕਰ ਲੈਂਦਾ ਹੈ ॥੭॥
10131	232	ਆਪੇ ਕਰਤਾ ਸ੍ਰਿਸਟਿ ਸਿਰਜਿ ਜਿਨਿ ਗੋਈ॥	ਅਪਣੇ ਚ (ਗੋਈ) ਲੀਨ ਕੀਤੀ	Aapae Karathaa Srisatt Siraj Jin Goee ||	The Creator Himself has created the universe; He Himself shall destroy it.	ਪਰਮਾਤਮਾ ਆਪ ਹੀ ਸਿਰਜਣਹਾਰ ਹੈ ਜਿਸ ਨੇ ਆਪ ਇਹ ਸ੍ਰਿਸ਼ਟੀ ਪੈਦਾ ਕਰ ਕੇ ਆਪ ਹੀ (ਅਨੇਕਾਂ ਵਾਰੀ) ਨਾਸ ਕੀਤੀ।
10132	232	ਤਿਸੁ ਬਿਨੁ ਦੂਜਾ ਅਵਰੁ ਨ ਕੋਈ॥		This Bin Dhoojaa Avar N Koee ||	Without Him, there is no other at all.	ਉਸ ਪਰਮਾਤਮਾ ਤੋਂ ਬਿਨਾ ਕੋਈ ਹੋਰ (ਸਦਾ-ਥਿਰ ਰਹਿਣ ਵਾਲਾ) ਨਹੀਂ ਹੈ।
10133	232	ਨਾਨਕ ਗੁਰਮੁਖਿ ਬੂਝੈ ਕੋਈ॥੮॥੬॥	ਬੂੱਝੈ	Naanak Guramukh Boojhai Koee ||8||6||	O Nanak, how rare are those who, as Gurmukh, understand this! ||8||6||	ਹੇ ਨਾਨਕ! (ਆਖ-ਹੇ ਭਾਈ!) ਗੁਰੂ ਦੀ ਸਰਨ ਪੈਣ ਵਾਲਾ ਕੋਈ (ਵਿਰਲਾ ਵਡਭਾਗੀ) ਮਨੁੱਖ ਇਹ ਭੇਦ ਸਮਝਦਾ ਹੈ ॥੮॥੬॥
10134	232	ਗਉੜੀ ਮਹਲਾ ੩॥		Gourree Mehalaa 3 ||	Gauree, Third Mehl:	

10135	232	ਨਾਮੁ ਅਮੋਲਕੁ ਗੁਰਮੁਖਿ ਪਾਵੈ॥		Naam Amolak Guramukh Paavai ||	The Gurmukhs obtain the Naam, the Priceless Name of the Lord.	(ਹੇ ਭਾਈ!) ਪਰਮਾਤਮਾ ਦਾ ਨਾਮ ਕਿਸੇ ਭੀ ਮੁੱਲ ਤੋਂ ਨਹੀਂ ਮਿਲ ਸਕਦਾ।
10136	232	ਨਾਮੋ ਸੇਵੇ ਨਾਮਿ ਸਹਜਿ ਸਮਾਵੈ॥		Naamo Saevae Naam Sehaj Samaavai ||	They serve the Name, and through the Name, they are absorbed in intuitive peace and poise.	ਉਹੀ ਮਨੁੱਖ ਹਾਸਲ ਕਰਦਾ ਹੈ ਜੋ ਗੁਰੂ ਦੀ ਸਰਨ ਪੈਂਦਾ ਹੈ।
10137	232	ਅੰਮ੍ਰਿਤੁ ਨਾਮੁ ਰਸਨਾ ਨਿਤ ਗਾਵੈ॥		Anmrith Naam Rasanaa Nith Gaavai ||	With their tongues, they continually sing the Ambrosial Naam.	ਉਹ (ਹਰ ਵੇਲੇ) ਨਾਮ ਹੀ ਸਿਮਰਦਾ ਹੈ ਤੇ ਨਾਮ ਦੀ ਰਾਹੀਂ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ।
10138	232	ਜਿਸ ਨੋ ਕ੍ਰਿਪਾ ਕਰੇ ਸੋ ਹਰਿ ਰਸੁ ਪਾਵੈ॥੧॥		Jis No Kirapaa Karae So Har Ras Paavai ||1||	They obtain the Lord's Name; the Lord showers His Mercy upon them. ||1||	ਪਰ ਉਹੀ ਮਨੁੱਖ ਹਰਿ-ਨਾਮ ਦਾ ਰਸ ਮਾਣਦਾ ਹੈ ਜਿਸ ਉਤੇ ਪਰਮਾਤਮਾ ਆਪ ਕਿਰਪਾ ਕਰਦਾ ਹੈ ॥੧॥
10139	232	ਅਨ ਦਿਨੁ ਹਿਰਦੈ ਜਪਉ ਜਗਦੀਸਾ॥	ਜੱਗਦੀਸਾ	Anadhin Hiradhai Japo Jagadheesaa ||	Night and day, within your heart, meditate on the Lord of the Universe.	(ਹੇ ਭਾਈ!) ਮੈਂ ਹਰ ਵੇਲੇ ਆਪਣੇ ਹਿਰਦੇ ਵਿਚ ਜਗਤ ਦੇ ਮਾਲਕ ਪਰਮਾਤਮਾ ਦਾ ਨਾਮ ਜਪਦਾ ਹਾਂ।
10140	232	ਗੁਰਮੁਖਿ ਪਾਵਉ ਪਰਮਪਦੁ ਸੂਖਾ॥੧॥ਰਹਾਉ॥		Guramukh Paavo Param Padh Sookhaa ||1|| Rehaao ||	The Gurmukhs obtain the supreme state of peace. ||1||Pause||	ਗੁਰੂ ਦੀ ਸਰਨ ਪੈ ਕੇ ਮੈਂ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲਿਆ ਹੈ, ਮੈਂ ਆਤਮਕ ਆਨੰਦ ਮਾਣ ਰਿਹਾ ਹਾਂ ॥੧॥ ਰਹਾਉ ॥

10141	232	ਹਿਰਦੈ ਸੂਖੁ ਭਇਆ ਪਰਗਾਸੁ॥		Hiradhai Sookh Bhaeiaa Paragaas ||	Peace comes to fill the hearts of those	ਉਹਨਾਂ ਦੇ ਹਿਰਦੇ ਵਿਚ ਆਤਮਕ ਆਨੰਦ ਬਣਿਆ ਰਹਿੰਦਾ ਹੈ, ਉਹਨਾਂ ਦੇ ਅੰਦਰ ਚਾਨਣ ਪੈਦਾ ਹੋ ਜਾਂਦਾ ਹੈ,
10142	232	ਗੁਰਮੁਖਿ ਗਾਵਹਿ ਸਚੁ ਗੁਣਤਾਸੁ॥		Guramukh Gaavehi Sach Gunathaas ||	Who, as Gurmukh, sing of the True Lord, the treasure of excellence.	ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਗੁਣਾਂ ਦੇ ਖ਼ਜ਼ਾਨੇ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦੇ ਹਨ।
10143	232	ਦਾਸਨਿ ਦਾਸ ਨਿਤ ਹੋਵਹਿ ਦਾਸੁ॥		Dhaasan Dhaas Nith Hovehi Dhaas ||	They become the constant slaves of the slaves of the Lord's slaves.	ਉਹ ਸਦਾ ਪਰਮਾਤਮਾ ਦੇ ਸੇਵਕਾਂ ਦੇ ਸੇਵਕ ਬਣੇ ਰਹਿੰਦੇ ਹਨ।
10144	232	ਗ੍ਰਿਹ ਕੁਟੰਬ ਮਹਿ ਸਦਾ ਉਦਾਸੁ॥੨॥		Grih Kuttanb Mehi Sadhaa Oudhaas ||2||	Within their households and families, they remain always detached. ||2||	ਉਹ ਮਨੁੱਖ ਗ੍ਰਿਹਸਤ ਜੀਵਨ ਵਿਚ ਰਹਿੰਦੇ ਹੋਏ ਪਰਵਾਰ ਵਿਚ ਰਹਿੰਦੇ ਹੋਏ ਭੀ (ਮਾਇਆ ਦੇ ਮੋਹ ਵਲੋਂ) ਉਪਰਾਮ ਰਹਿੰਦੇ ਹਨ ॥੨॥
10145	232	ਜੀਵਨ ਮੁਕਤੁ ਗੁਰਮੁਖਿ ਕੋ ਹੋਈ॥		Jeevan Mukath Guramukh Ko Hoee ||	How rare are those who, as Gurmukh, become Jivan Mukta - liberated while yet alive.	(ਹੇ ਭਾਈ!) ਕੋਈ ਵਿਰਲਾ ਮਨੁੱਖ ਜੇਹੜਾ ਗੁਰੂ ਦੀ ਸਰਨ ਪੈਂਦਾ ਹੈ ਦੁਨੀਆ ਦਾ ਕਾਰ-ਵਿਹਾਰ ਕਰਦਾ ਹੋਇਆ ਭੀ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਹੁੰਦਾ ਹੈ।
10146	232	ਪਰਮ ਪਦਾਰਥੁ ਪਾਵੈ ਸੋਈ॥		Param Padhaarathh Paavai Soee ||	They alone obtain the supreme treasure.	ਉਹੀ ਮਨੁੱਖ ਸਾਰੇ ਪਦਾਰਥਾਂ ਤੋਂ ਸ੍ਰੇਸ਼ਟ ਨਾਮ-ਪਦਾਰਥ ਹਾਸਲ ਕਰਦਾ ਹੈ।

10147	232	ਤ੍ਰੈ ਗੁਣ ਮੇਟੇ ਨਿਰਮਲੁ ਹੋਈ॥		Thrai Gun Maettae Niramal Hoee ||	Eradicating the three qualities, they become pure.	ਉਹ ਮਨੁੱਖ (ਆਪਣੇ ਅੰਦਰੋਂ ਮਾਇਆ ਦੇ) ਤਿੰਨਾਂ ਗੁਣਾਂ ਦਾ ਪ੍ਰਭਾਵ ਮਿਟਾ ਲੈਂਦਾ ਹੈ ਤੇ ਪਵਿਤ੍ਰ-ਆਤਮਾ ਬਣ ਜਾਂਦਾ ਹੈ।
10148	232	ਸਹਜੇ ਸਾਚਿ ਮਿਲੈ ਪ੍ਰਭੁ ਸੋਈ॥੩॥		Sehajae Saach Milai Prabh Soee ||3||	They are intuitively absorbed in the True Lord God. ||3||	ਆਤਮਕ ਅਡੋਲਤਾ ਵਿਚ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜੇ ਰਹਿਣ ਕਰਕੇ ਉਸ ਨੂੰ ਉਹ ਪ੍ਰਭੂ ਮਿਲ ਪੈਂਦਾ ਹੈ ॥੩॥
10149	232	ਮੋਹ ਕੁਟੰਬ ਸਿਉ ਪ੍ਰੀਤਿ ਨ ਹੋਇ॥		Moh Kuttanb Sio Preeth N Hoe ||	Emotional attachment to family does not exist,	(ਹੇ ਭਾਈ!) ਉਸ ਮਨੁੱਖ ਦਾ ਆਪਣੇ ਪਰਵਾਰ ਨਾਲ (ਉਹ) ਮੋਹ-ਪਿਆਰ ਨਹੀਂ ਰਹਿੰਦਾ (ਜੋ ਤ੍ਰੈਗੁਣੀ ਮਾਇਆ ਵਿਚ ਫਸਾਂਦਾ ਹੈ),
10150	232	ਜਾ ਹਿਰਦੈ ਵਸਿਆ ਸਚੁ ਸੋਇ॥		Jaa Hiradhai Vasiaa Sach Soe ||	When the True Lord abides within the heart.	ਜਿਸ ਦੇ ਹਿਰਦੇ ਵਿਚ ਉਹ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਆ ਵੱਸਦਾ ਹੈ।
10151	232	ਗੁਰਮੁਖਿ ਮਨੁ ਬੇਧਿਆ ਅਸਥਿਰੁ ਹੋਇ॥	(ਬੇੱਧਿਆ) ਜੁੜਿਆ	Guramukh Man Baedhhiaa Asathhir Hoe ||	The mind of the Gurmukh is pierced through and held steady.	ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਦਾ ਮਨ (ਪਰਮਾਤਮਾ ਦੀ ਯਾਦ ਵਿਚ) ਵਿੱਝ ਜਾਂਦਾ ਹੈ ਤੇ ਅਡੋਲ ਹੋ ਜਾਂਦਾ ਹੈ,

10152	232	ਹੁਕਮੁ ਪਛਾਣੈ ਬੂਝੈ ਸਚੁ ਸੋਇ ॥੪॥		Hukam Pashhaanai Boojhai Sach Soe ||4||	One who recognizes the Hukam of the Lord's Command understands the True Lord. ||4||	ਉਹ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ ਪਛਾਣਦਾ ਹੈ (ਪਰਮਾਤਮਾ ਦੇ ਸੁਭਾਵ ਨਾਲ ਆਪਣਾ ਸੁਭਾਉ ਮਿਲਾ ਲੈਂਦਾ ਹੈ) ਉਹ ਮਨੁੱਖ ਉਸ ਸਦਾ-ਥਿਰ ਪ੍ਰਭੂ ਨੂੰ ਸਮਝ ਲੈਂਦਾ ਹੈ ॥੪॥
10153	232	ਤੂੰ ਕਰਤਾ ਮੈ ਅਵਰੁ ਨ ਕੋਇ॥		Thoon Karathaa Mai Avar N Koe ||	You are the Creator Lord - there is no other for me.	(ਹੇ ਭਾਈ! ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਦਾ ਮਨ ਪਰਮਾਤਮਾ ਦੀ ਯਾਦ ਵਿਚ ਵਿੱਝ ਜਾਂਦਾ ਹੈ, ਉਹ ਇਉਂ ਅਰਦਾਸ ਕਰਦਾ ਹੈ-ਹੇ ਪ੍ਰਭੂ!) ਤੂੰ ਹੀ ਜਗਤ ਦਾ ਪੈਦਾ ਕਰਨ ਵਾਲਾ ਹੈਂ, ਮੈਨੂੰ ਤੈਥੋਂ ਬਿਨਾ ਕੋਈ ਆਸਰਾ ਨਹੀਂ ਦਿੱਸਦਾ,
10154	232	ਤੁਝੁ ਸੇਵੀ ਤੁਝ ਤੇ ਪਤਿ ਹੋਇ॥		Thujh Saevee Thujh Thae Path Hoe ||	I serve You, and through You, I obtain honor.	ਮੈਂ ਸਦਾ ਤੇਰਾ ਹੀ ਸਿਮਰਨ ਕਰਦਾ ਹਾਂ, ਮੈਨੂੰ ਤੇਰੇ ਦਰ ਤੋਂ ਹੀ ਇੱਜ਼ਤ ਮਿਲਦੀ ਹੈ।
10155	232	ਕਿਰਪਾ ਕਰਹਿ ਗਾਵਾ ਪ੍ਰਭੁ ਸੋਇ॥	(ਸੋਇ) ਸੋਭਾ ਵਡਿਆਈ	Kirapaa Karehi Gaavaa Prabh Soe ||	God showers His Mercy, and I sing His Praises.	ਜੇ ਤੂੰ ਆਪ ਮਿਹਰ ਕਰੇਂ, ਤਾਂ ਹੀ ਮੈਂ ਤੇਰੀ ਸਿਫ਼ਤ-ਸਾਲਾਹ ਕਰ ਸਕਦਾ ਹਾਂ।
10156	232	ਨਾਮ ਰਤਨੁ ਸਭ ਜਗ ਮਹਿ ਲੋਇ॥੫॥	(ਲੋਇ) ਪ੍ਰਕਾਸ਼ ਕਰਦਾ	Naam Rathan Sabh Jag Mehi Loe ||5||	The light of the jewel of the Naam permeates the entire world. ||5||	ਤੇਰਾ ਨਾਮ ਹੀ ਮੇਰੇ ਵਾਸਤੇ ਸਭ ਤੋਂ ਸ੍ਰੇਸ਼ਟ ਪਦਾਰਥ ਹੈ, ਤੇਰਾ ਨਾਮ ਹੀ ਜਗਤ ਵਿਚ (ਆਤਮਕ ਜੀਵਨ ਲਈ) ਚਾਨਣ (ਪੈਦਾ ਕਰਨ ਵਾਲਾ) ਹੈ ॥੫॥

10157	232	ਗੁਰਮੁਖਿ ਬਾਣੀ ਮੀਠੀ ਲਾਗੀ॥		Guramukh Baanee Meethee Laagee ||	To the Gurmukhs, the Word of God's Bani seems so sweet.	(ਹੇ ਭਾਈ!) ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਨੂੰ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਮਿੱਠੀ ਲੱਗਣ ਲੱਗ ਪੈਂਦੀ ਹੈ,
10158	232	ਅੰਤਰੁ ਬਿਗਸੈ ਅਨ ਦਿਨੁ ਲਿਵ ਲਾਗੀ॥		Anthar Bigasai Anadhin Liv Laagee ||	Deep within, their hearts blossom forth; night and day, they lovingly center themselves on the Lord.	ਉਸ ਦਾ ਹਿਰਦਾ ਖਿੜ ਆਉਂਦਾ ਹੈ, ਉਸ ਦੀ ਸੁਰਤ ਹਰ ਵੇਲੇ (ਪ੍ਰਭੂ-ਚਰਨਾਂ ਵਿਚ) ਜੁੜੀ ਰਹਿੰਦੀ ਹੈ।
10159	232	ਸਹਜੇ ਸਚੁ ਮਿਲਿਆ ਪਰਸਾਦੀ॥		Sehajae Sach Miliaa Parasaadhee ||	The True Lord is intuitively obtained, by His Grace.	ਗੁਰੂ ਦੀ ਕਿਰਪਾ ਨਾਲ ਆਤਮਕ ਅਡੋਲਤਾ ਦੀ ਰਾਹੀਂ ਉਸ ਨੂੰ ਸਦਾ-ਥਿਰ ਪ੍ਰਭੂ ਮਿਲ ਪੈਂਦਾ ਹੈ।
10160	232	ਸਤਿਗੁਰੁ ਪਾਇਆ ਪੂਰੈ ਵਡਭਾਗੀ॥੬॥		Sathigur Paaeiaa Poorai Vaddabhaagee ||6||	The True Guru is obtained by the destiny of perfect good fortune. ||6||	(ਪਰ ਹੇ ਭਾਈ!) ਗੁਰੂ ਪੂਰੇ ਭਾਗ ਨਾਲ ਵੱਡੇ ਭਾਗ ਨਾਲ ਹੀ ਮਿਲਦਾ ਹੈ ॥੬॥
10161	232	ਹਉਮੈ ਮਮਤਾ ਦੁਰਮਤਿ ਦੁਖ ਨਾਸੁ॥		Houmai Mamathaa Dhuramath Dhukh Naas ||	Egotism, possessiveness, evil-mindedness and suffering depart,	(ਹੇ ਭਾਈ!) ਅੰਦਰੋਂ ਹਉਮੈ ਦਾ, ਅਪਣੱਤ ਦਾ, ਖੋਟੀ ਬੁੱਧੀ ਦਾ, ਦੁੱਖਾਂ ਦਾ ਨਾਸ ਹੋ ਜਾਂਦਾ ਹੈ,
10162	232	ਜਬ ਹਿਰਦੈ ਰਾਮ ਨਾਮ ਗੁਣਤਾਸੁ॥		Jab Hiradhai Raam Naam Gunathaas ||	When the Lord's Name, the Ocean of Virtue, comes to dwell within the heart.	ਜਦੋਂ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ ਗੁਣਾਂ ਦਾ ਖ਼ਜ਼ਾਨਾ ਪ੍ਰਭੂ ਆ ਵੱਸਦਾ ਹੈ।

10163	232	ਗੁਰਮੁਖਿ ਬੁਧਿ ਪ੍ਰਗਟੀ ਪ੍ਰਭ ਜਾਸੁ॥		Guramukh Budhh Pragattee Prabh Jaas ||	The intellect of the Gurmukhs is awakened, and they praise God,	(ਹੇ ਭਾਈ!) ਗੁਰੂ ਦੀ ਸਰਨ ਪੈ ਕੇ ਪ੍ਰਭੂ ਦੀ ਸਿਫ਼ਤ-ਸਾਲਾਹ ਸੁਣਨ ਨਾਲ ਉਦੋਂ ਮਨੁੱਖ ਦੀ ਬੁੱਧੀ ਉੱਜਲ ਹੋ ਜਾਂਦੀ ਹੈ,
10164	232	ਜਬ ਹਿਰਦੈ ਰਵਿਆ ਚਰਣ ਨਿਵਾਸੁ॥੭॥	(ਰਵਿਆ) ਸਿਮਰਿਆ	Jab Hiradhai Raviaa Charan Nivaas ||7||	When the Lord's Lotus Feet come to dwell within the heart. ||7||	ਜਦੋਂ ਉਹ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਸਿਮਰਦਾ ਹੈ ਅਤੇ ਸੁਰਤ ਪ੍ਰਭੂ-ਚਰਨਾਂ ਵਿਚ ਟਿਕਾਂਦਾ ਹੈ ॥੭॥
10165	232	ਜਿਸੁ ਨਾਮੁ ਦੇਇ ਸੋਈ ਜਨੁ ਪਾਏ॥		Jis Naam Dhaee Soee Jan Paaeae ||	They alone receive the Naam, unto whom it is given.	ਉਹੀ ਮਨੁੱਖ ਪਰਮਾਤਮਾ ਦਾ ਨਾਮ ਹਾਸਲ ਕਰਦਾ ਹੈ, ਜਿਸ ਨੂੰ ਪਰਮਾਤਮਾ ਆਪ ਆਪਣਾ ਨਾਮ ਬਖ਼ਸ਼ਦਾ ਹੈ।
10166	232	ਗੁਰਮੁਖਿ ਮੇਲੇ ਆਪੁ ਗਵਾਏ॥		Guramukh Maelae Aap Gavaaeae ||	The Gurmukhs shed their ego, and merge with the Lord.	ਜਿਸ ਮਨੁੱਖ ਨੂੰ ਗੁਰੂ ਦੀ ਸਰਨ ਪਾ ਕੇ ਪ੍ਰਭੂ ਆਪਣੇ ਨਾਲ ਮਿਲਾਂਦਾ ਹੈ, ਉਹ ਮਨੁੱਖ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਦੇਂਦਾ ਹੈ।
10167	232	ਹਿਰਦੈ ਸਾਚਾ ਨਾਮੁ ਵਸਾਏ॥		Hiradhai Saachaa Naam Vasaaeae ||	The True Name abides within their hearts.	ਉਹ ਮਨੁੱਖ ਆਪਣੇ ਹਿਰਦੇ ਵਿਚ ਸਦਾ-ਥਿਰ ਰਹਿਣ ਵਾਲਾ ਹਰਿ-ਨਾਮ ਵਸਾਂਦਾ ਹੈ।
10168	232	ਨਾਨਕ ਸਹਜੇ ਸਾਚਿ ਸਮਾਏ॥੮॥੭॥		Naanak Sehajae Saach Samaaeae ||8||7||	O Nanak, they are intuitively absorbed in the True Lord. ||8||7||	ਹੇ ਨਾਨਕ! ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਜੁੜਿਆ ਰਹਿੰਦਾ ਹੈ ॥੮॥੭॥

10169	232	ਗਉੜੀ ਮਹਲਾ ੩॥		Gourree Mehalaa 3 ||	Gauree, Third Mehl:	
10170	232	ਮਨ ਹੀ ਮਨੁ ਸਵਾਰਿਆ ਭੈ ਸਹਜਿ ਸੁਭਾਇ॥		Man Hee Man Savaariaa Bhai Sehaj Subhaae ||	The mind has intuitively healed itself, through the Fear of God.	(ਹੇ ਭਾਈ!) ਜਿਸ ਮਨੁੱਖ ਨੇ ਪ੍ਰਭੂ ਦੇ ਡਰ-ਅਦਬ ਵਿਚ ਟਿਕ ਕੇ, ਆਤਮਕ ਅਡੋਲਤਾ ਵਿਚ ਟਿਕ ਕੇ, ਪ੍ਰਭੂ-ਪ੍ਰੇਮ ਵਿਚ ਜੁੜ ਕੇ ਆਪਣੇ ਮਨ ਨੂੰ ਅੰਤਰ ਆਤਮੇ ਹੀ ਸੋਹਣਾ ਬਣਾ ਲਿਆ ਹੈ, (ਗ੍ਰਿਹਸਤ ਛੱਡ ਕੇ ਕਿਤੇ ਬਾਹਰ ਜਾਣ ਦੀ ਲੋੜ ਨਹੀਂ ਪਈ)
10171	233	ਸਬਦਿ ਮਨੁ ਰੰਗਿਆ ਲਿਵ ਲਾਇ॥		Sabadh Man Rangiaa Liv Laae ||	The mind is attuned to the Word of the Shabad; it is lovingly attuned to the Lord.	ਉਸ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਪ੍ਰਭੂ-ਚਰਨਾਂ ਵਿਚ) ਸੁਰਤ ਜੋੜ ਕੇ (ਆਪਣੇ) ਮਨ ਨੂੰ (ਪ੍ਰਭੂ ਦੇ ਪ੍ਰੇਮ-ਰੰਗ ਵਿਚ) ਰੰਗ ਲਿਆ ਹੈ।
10172	233	ਨਿਜ ਘਰਿ ਵਸਿਆ ਪ੍ਰਭ ਕੀ ਰਜਾਇ॥੧॥		Nij Ghar Vasiaa Prabh Kee Rajaae ||1||	It abides within its own home, in harmony with the Lord's Will. ||1||	ਉਹ ਮਨੁੱਖ ਪ੍ਰਭੂ-ਚਰਨਾਂ ਵਿਚ ਟਿਕਿਆ ਰਹਿੰਦਾ ਹੈ, ਉਹ ਮਨੁੱਖ ਪ੍ਰਭੂ ਦੀ ਰਜ਼ਾ ਵਿਚ ਰਾਜ਼ੀ ਰਹਿੰਦਾ ਹੈ ॥੧॥
10173	233	ਸਤਿਗੁਰੁ ਸੇਵਿਐ ਜਾਇ ਅਭਿਮਾਨੁ॥		Sathigur Saeviai Jaae Abhimaan ||	Serving the True Guru, egotistical pride departs,	(ਹੇ ਭਾਈ!) ਗੁਰੂ ਦੀ ਸ਼ਰਨ ਪਿਆਂ (ਮਨ ਵਿਚੋਂ) ਅਹੰਕਾਰ ਦੂਰ ਹੋ ਜਾਂਦਾ ਹੈ,

10174	233	ਗੋਵਿਦੁ ਪਾਈਐ ਗੁਣੀ ਨਿਧਾਨੁ॥੧॥ਰਹਾਉ॥		Govidh Paaeeai Gunee Nidhhaan ||1|| Rehaao ||	And the Lord of the Universe, the Treasure of Excellence, is obtained. ||1||Pause||	ਤੇ ਗੁਣਾਂ ਦਾ ਖ਼ਜ਼ਾਨਾ ਪਰਮਾਤਮਾ ਮਿਲ ਪੈਂਦਾ ਹੈ ॥੧॥ ਰਹਾਉ ॥
10175	233	ਮਨੁ ਬੈਰਾਗੀ ਜਾ ਸਬਦਿ ਭਉ ਖਾਇ॥		Man Bairaagee Jaa Sabadh Bho Khaae ||	The mind becomes detached and free of desire, when it experiences the Fear of God, through the Shabad.	(ਹੇ ਭਾਈ!) ਜਦੋਂ (ਕੋਈ ਮਨੁੱਖ ਇਸ) ਡਰ ਨੂੰ (ਕਿ ਪਰਮਾਤਮਾ ਹਰੇਕ ਦੇ ਅੰਦਰ ਵੱਸ ਰਿਹਾ ਹੈ ਤੇ ਹਰੇਕ ਦੇ ਦਿਲ ਦੀ ਜਾਣਦਾ ਹੈ, ਆਪਣੇ ਆਤਮੇ ਦੀ) ਖ਼ੁਰਾਕ ਬਣਾਂਦਾ ਹੈ, (ਉਸ ਦਾ) ਮਨ ਮਾਇਆ ਦੇ ਮੋਹ ਤੋਂ ਉਪਰਾਮ ਹੋ ਜਾਂਦਾ ਹੈ,
10176	233	ਮੇਰਾ ਪ੍ਰਭੁ ਨਿਰਮਲਾ ਸਭਤੈ ਰਹਿਆ ਸਮਾਇ॥	ਅਨੰਤ ਸਮੁੰਦ੍ਰਾਂ ਪਹਾੜਾਂ ਸੂਰਜਾਂ ਚੰਦ੍ਰਮਿਆਂ ਤਾਰੇ ਮੰਡਲਾਂ ਸਭ ਜੀਆਂ ਜੰਤਾਂ,(ਸਭਤੈ)ਸਾਰਿਆਂ ਚ ਪੂਰਨ ਵਿਆਪਕ ਪ੍ਰਕਾਸ਼ਕ ਹੋ ਰਹੇ ਹਨ। (ਦੂਜਾ ਪਾਠ: ਸਭ ਤੈ)	Maeraa Prabh Niramalaa Sabh Thai Rehiaa Samaae ||	My Immaculate God is pervading and contained among all.	ਉਸ ਨੂੰ ਪਵਿਤ੍ਰ-ਸਰੂਪ ਪਿਆਰਾ ਪ੍ਰਭੂ ਹਰ ਥਾਂ ਵਿਆਪਕ ਦਿੱਸਦਾ ਹੈ।
10177	233	ਗੁਰ ਕਿਰਪਾ ਤੇ ਮਿਲੈ ਮਿਲਾਇ॥੨॥		Gur Kirapaa Thae Milai Milaae ||2||	By Guru's Grace, one is united in His Union. ||2||	ਉਹ ਮਨੁੱਖ ਗੁਰੂ ਦੀ ਕਿਰਪਾ ਨਾਲ (ਗੁਰੂ ਦਾ) ਮਿਲਾਇਆ ਹੋਇਆ (ਪਰਮਾਤਮਾ ਨੂੰ) ਮਿਲ ਪੈਂਦਾ ਹੈ ॥੨॥

10178	233	ਹਰਿ ਦਾਸਨ ਕੋ ਦਾਸੁ ਸੁਖੁ ਪਾਏ॥		Har Dhaasan Ko Dhaas Sukh Paaeae ||	The slave of the Lord's slave attains peace.	(ਹੇ ਭਾਈ!) ਜੇਹੜਾ ਮਨੁੱਖ ਪਰਮਾਤਮਾ ਦੇ ਸੇਵਕਾਂ ਦਾ ਸੇਵਕ ਬਣ ਜਾਂਦਾ ਹੈ, ਉਹ ਆਤਮਕ ਆਨੰਦ ਮਾਣਦਾ ਹੈ।
10179	233	ਮੇਰਾ ਹਰਿ ਪ੍ਰਭੁ ਇਨ ਬਿਧਿ ਪਾਇਆ ਜਾਏ॥		Maeraa Har Prabh Ein Bidhh Paaeiaa Jaaeae ||	My Lord God is found in this way.	(ਹੇ ਭਾਈ!) ਇਸ ਤਰੀਕੇ ਨਾਲ (ਹੀ) ਪਿਆਰੇ ਪਰਮਾਤਮਾ ਦਾ ਮੇਲ ਪ੍ਰਾਪਤ ਹੁੰਦਾ ਹੈ।
10180	233	ਹਰਿ ਕਿਰਪਾ ਤੇ ਰਾਮ ਗੁਣ ਗਾਏ॥੩॥		Har Kirapaa Thae Raam Gun Gaaeae ||3||	By the Grace of the Lord, one comes to sing the Glorious Praises of the Lord. ||3||	ਉਹ ਮਨੁੱਖ ਪਰਮਾਤਮਾ ਦੀ ਮਿਹਰ ਨਾਲ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੩॥
10181	233	ਧ੍ਰਿਗੁ ਬਹੁ ਜੀਵਣੁ ਜਿਤੁ ਹਰਿ ਨਾਮਿ ਨ ਲਗੈ ਪਿਆਰੁ॥		Dhhrig Bahu Jeevan Jith Har Naam N Lagai Piaar ||	Cursed is that long life, during which love for the Lord's Name is not enshrined.	(ਹੇ ਭਾਈ! ਪ੍ਰਾਣਾਯਾਮ ਆਦਿਕ ਨਾਲ ਵਧਾਈ ਹੋਈ) ਲੰਮੀ ਉਮਰ (ਸਗੋਂ) ਫਿਟਕਾਰ-ਜੋਗ ਹੈ, ਜੇ ਉਸ ਦੀ ਰਾਹੀਂ ਪਰਮਾਤਮਾ ਦੇ ਨਾਮ ਵਿਚ (ਉਸ ਲੰਮੀ ਉਮਰ ਵਾਲੇ ਦਾ) ਪਿਆਰ ਨਹੀਂ ਬਣਦਾ।
10182	233	ਧ੍ਰਿਗੁ ਸੇਜ ਸੁਖਾਲੀ ਕਾਮਣਿ ਮੋਹ ਗੁਬਾਰੁ॥		Dhhrig Saej Sukhaalee Kaaman Moh Gubaar ||	Cursed is that comfortable bed which lures one into the darkness of attachment to sexual desire.	(ਦੂਜੇ ਪਾਸੇ, ਹੇ ਭਾਈ! ਸੁੰਦਰ) ਇਸਤ੍ਰੀ ਦੀ ਸੁਖਦਾਈ ਸੇਜ (ਭੀ) ਫਿਟਕਾਰ-ਜੋਗ ਹੈ (ਜੇ ਉਹ) ਮੋਹ ਦਾ ਘੁੱਪ ਹਨੇਰਾ (ਪੈਦਾ ਕਰਦੀ) ਹੈ।

10183	233	ਤਿਨ ਸਫਲੁ ਜਨਮੁ ਜਿਨ ਨਾਮੁ ਅਧਾਰੁ॥੪॥		Thin Safal Janam Jin Naam Adhhaar ||4||	Fruitful is the birth of that person who takes the Support of the Naam, the Name of the Lord. ||4||	(ਹੇ ਭਾਈ! ਸਿਰਫ਼) ਉਹਨਾਂ ਮਨੁੱਖਾਂ ਦਾ ਜਨਮ ਕਾਮਯਾਬ ਹੈ, ਜਿਨ੍ਹਾਂ ਨੇ ਪਰਮਾਤਮਾ ਦੇ ਨਾਮ ਨੂੰ (ਆਪਣੀ ਜ਼ਿੰਦਗੀ ਦਾ) ਆਸਰਾ ਬਣਾਇਆ ਹੈ ॥੪॥
10184	233	ਧ੍ਰਿਗੁ ਧ੍ਰਿਗੁ ਗ੍ਰਿਹੁ ਕੁਟੰਬੁ ਜਿਤੁ ਹਰਿ ਪ੍ਰੀਤਿ ਨ ਹੋਇ॥		Dhhrig Dhhrig Grihu Kuttanb Jith Har Preeth N Hoe ||	Cursed, cursed is that home and family, in which the love of the Lord is not embraced.	(ਹੇ ਭਾਈ!) ਉਹ ਗ੍ਰਿਹਸਤ ਜੀਵਨ ਫਿਟਕਾਰ-ਜੋਗ ਹੈ, ਉਹ ਪਰਿਵਾਰ (ਵਾਲਾ ਜੀਵਨ) ਫਿਟਕਾਰ-ਜੋਗ ਹੈ, ਜਿਸ ਦੀ ਰਾਹੀਂ ਪਰਮਾਤਮਾ ਨਾਲ ਪ੍ਰੀਤਿ ਨਹੀਂ ਬਣਦੀ।
10185	233	ਸੋਈ ਹਮਾਰਾ ਮੀਤੁ ਜੋ ਹਰਿ ਗੁਣ ਗਾਵੈ ਸੋਇ॥		Soee Hamaaraa Meeth Jo Har Gun Gaavai Soe ||	He alone is my friend, who sings the Glorious Praises of the Lord.	(ਹੇ ਭਾਈ!) ਸਾਡਾ ਤਾਂ ਮਿੱਤਰ ਉਹੀ ਮਨੁੱਖ ਹੈ, ਜੋ ਉਸ ਪਰਮਾਤਮਾ ਦੇ ਗੁਣ ਗਾਂਦਾ ਹੈ (ਤੇ ਸਾਨੂੰ ਭੀ ਸਿਫ਼ਤ-ਸਾਲਾਹ ਵਲ ਪ੍ਰੇਰਦਾ ਹੈ)।
10186	233	ਹਰਿ ਨਾਮ ਬਿਨਾ ਮੈ ਅਵਰੁ ਨ ਕੋਇ॥੫॥		Har Naam Binaa Mai Avar N Koe ||5||	Without the Lord's Name, there is no other for me. ||5||	(ਹੇ ਭਾਈ!) ਪਰਮਾਤਮਾ ਦੇ ਨਾਮ ਤੋਂ ਬਿਨਾ ਮੈਨੂੰ ਹੋਰ ਕੋਈ (ਸਦਾ ਨਾਲ ਨਿਭਣ ਵਾਲਾ ਸਾਥੀ) ਨਹੀਂ ਦਿੱਸਦਾ ॥੫॥
10187	233	ਸਤਿਗੁਰ ਤੇ ਹਮ ਗਤਿ ਪਤਿ ਪਾਈ॥		Sathigur Thae Ham Gath Path Paaee ||	From the True Guru, I have obtained salvation and honor.	(ਹੇ ਭਾਈ!) ਗੁਰੂ ਪਾਸੋਂ ਹੀ ਅਸੀਂ ਉੱਚੀ ਆਤਮਕ ਅਵਸਥਾ ਹਾਸਲ ਕਰ ਸਕਦੇ ਹਾਂ (ਜਿਸ ਦੀ ਬਰਕਤਿ ਨਾਲ ਹਰ ਥਾਂ) ਇੱਜ਼ਤ ਮਿਲਦੀ ਹੈ।

10188	233	ਹਰਿ ਨਾਮੁ ਧਿਆਇਆ ਦੂਖੁ ਸਗਲ ਮਿਟਾਈ॥		Har Naam Dhhiaaeiaa Dhookh Sagal Mittaaee ||	I have meditated on the Name of the Lord, and all my sufferings have been erased.	(ਗੁਰੂ ਦੀ ਸਰਨ ਪੈ ਕੇ ਜਿਸ ਨੇ) ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਸ ਨੇ ਆਪਣਾ ਹਰੇਕ ਕਿਸਮ ਦਾ ਦੁੱਖ ਦੂਰ ਕਰ ਲਿਆ ਹੈ।
10189	233	ਸਦਾ ਅਨੰਦੁ ਹਰਿ ਨਾਮਿ ਲਿਵ ਲਾਈ॥੬॥		Sadhaa Anandh Har Naam Liv Laaee ||6||	I am in constant bliss, lovingly attuned to the Lord's Name. ||6||	ਉਹ ਮਨੁੱਖ ਪਰਮਾਤਮਾ ਦੇ ਨਾਮ ਵਿਚ ਸੁਰਤ ਜੋੜ ਕੇ ਸਦਾ ਆਨੰਦ ਮਾਣਦਾ ਹੈ ॥੬॥
10190	233	ਗੁਰਿ ਮਿਲਿਐ ਹਮ ਕਉ ਸਰੀਰ ਸੁਧਿ ਭਈ॥	ਸੁੱਧਿ	Gur Miliai Ham Ko Sareer Sudhh Bhee ||	Meeting the Guru, I came to understand my body.	(ਹੇ ਭਾਈ!) ਜੇ ਗੁਰੂ ਮਿਲ ਪਏ ਤਾਂ ਅਸੀਂ ਆਪਣੇ ਸਰੀਰ ਨੂੰ ਵਿਕਾਰਾਂ ਤੋਂ ਬਚਾ ਰੱਖਣ ਦੀ ਸੂਝ ਭੀ ਹਾਸਲ ਕਰ ਲੈਂਦੇ ਹਾਂ।
10191	233	ਹਉਮੈ ਤ੍ਰਿਸਨਾ ਸਭ ਅਗਨਿ ਬੁਝਈ॥	ਬੁ-ਝਈ: ਪੋਲਾ ਬੋਲੋ	Houmai Thrisanaa Sabh Agan Bujhee ||	The fires of ego and desire have been totally quenched.	(ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਸ ਦੇ ਅੰਦਰੋਂ) ਹਉਮੈ ਤੇ ਤ੍ਰਿਸ਼ਨਾ ਦੀ ਸਾਰੀ ਅੱਗ ਬੁੱਝ ਜਾਂਦੀ ਹੈ,
10192	233	ਬਿਨਸੇ ਕ੍ਰੋਧ ਖਿਮਾ ਗਹਿ ਲਈ॥੭॥		Binasae Krodhh Khimaa Gehi Lee ||7||	Anger has been dispelled, and I have grasped hold of tolerance. ||7||	(ਉਸ ਦੇ ਅੰਦਰੋਂ) ਕ੍ਰੋਧ ਮੁੱਕ ਜਾਂਦਾ ਹੈ, ਉਹ ਸਦਾ ਖਿਮਾ ਧਾਰਨ ਕਰੀ ਰੱਖਦਾ ਹੈ ॥੭॥
10193	233	ਹਰਿ ਆਪੇ ਕ੍ਰਿਪਾ ਕਰੇ ਨਾਮੁ ਦੇਵੈ॥		Har Aapae Kirapaa Karae Naam Dhaevai ||	The Lord Himself showers His Mercy, and bestows the Naam.	(ਪਰ, ਹੇ ਭਾਈ!) ਪਰਮਾਤਮਾ ਆਪ ਹੀ ਕਿਰਪਾ ਕਰਦਾ ਹੈ, ਤੇ ਆਪਣਾ ਨਾਮ ਬਖ਼ਸ਼ਦਾ ਹੈ।

10194	233	ਗੁਰਮੁਖਿ ਰਤਨੁ ਕੋ ਵਿਰਲਾ ਲੇਵੈ॥		Guramukh Rathan Ko Viralaa Laevai ||	How rare is that Gurmukh, who receives the jewel of the Naam.	ਕੋਈ ਵਿਰਲਾ (ਭਾਗਾਂ ਵਾਲਾ) ਮਨੁੱਖ ਗੁਰੂ ਦੀ ਸਰਨ ਪੈ ਕੇ ਇਹ ਨਾਮ-ਰਤਨ ਪੱਲੇ ਬੰਨ੍ਹਦਾ ਹੈ।
10195	233	ਨਾਨਕੁ ਗੁਣ ਗਾਵੈ ਹਰਿ ਅਲਖ ਅਭੇਵੈ॥੮॥੮॥		Naanak Gun Gaavai Har Alakh Abhaevai ||8||8||	O Nanak, sing the Glorious Praises of the Lord, the Unknowable, the Incomprehensible. ||8||8||	ਨਾਨਕ (ਤਾਂ ਗੁਰੂ ਦੀ ਕਿਰਪਾ ਨਾਲ ਹੀ) ਉਸ ਅਲੱਖ ਤੇ ਅਭੇਵ ਪਰਮਾਤਮਾ ਦੇ ਗੁਣ ਸਦਾ ਗਾਂਦਾ ਹੈ ॥੮॥੮॥
10196	233	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
10197	233	ਰਾਗੁ ਗਉੜੀ ਬੈਰਾਗਣਿ ਮਹਲਾ ੩॥		Raag Gourree Bairaagan Mehalaa 3 ||	Raag Gauree Bairaagan, Third Mehl:	ਰਾਗ ਗਉੜੀ-ਬੈਰਾਗਣਿ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।
10198	233	ਸਤਿਗੁਰ ਤੇ ਜੋ ਮੁਹ ਫੇਰੇ ਤੇ ਵੇਮੁਖ ਬੁਰੇ ਦਿਸੰਨਿ॥		Sathigur Thae Jo Muh Faerae Thae Vaemukh Burae Dhisann ||	Those who turn their faces away from the True Guru, are seen to be unfaithful and evil.	(ਹੇ ਭਾਈ!) ਜੇਹੜੇ ਮਨੁੱਖ ਗੁਰੂ ਵਲੋਂ ਮੂੰਹ ਫੇਰੀ ਰੱਖਦੇ ਹਨ, ਗੁਰੂ ਵਲੋਂ ਬੇਮੁਖ ਹੋਏ ਉਹ ਮਨੁੱਖ (ਵੇਖਣ ਨੂੰ ਹੀ ਪਏ) ਭੈੜੇ ਦਿੱਸਦੇ ਹਨ।

10199	233	ਅਨ ਦਿਨੁ ਬਧੇ ਮਾਰੀਅਨਿ ਫਿਰਿ ਵੇਲਾ ਨਾ ਲਹੰਨਿ॥੧॥	(ਲਹੰਨਿ) ਲੱਭਦਾ। ਬੱਧੇ	Anadhin Badhhae Maareean Fir Vaelaa Naa Lehann ||1||	They shall be bound and beaten night and day; they shall not have this opportunity again. ||1||	(ਮਾਇਆ ਦੇ ਮੋਹ ਦੇ ਬੰਧਨਾਂ ਵਿਚ) ਬੱਝੇ ਹੋਏ ਉਹ ਮਨੁੱਖ ਹਰ ਵੇਲੇ ਮੋਹ ਦੀਆਂ ਚੋਟਾਂ ਖਾਂਦੇ ਰਹਿੰਦੇ ਹਨ, (ਇਹਨਾਂ ਚੋਟਾਂ ਤੋਂ ਬਚਣ ਲਈ) ਉਹਨਾਂ ਨੂੰ ਮੁੜ ਸਮਾ ਹੱਥ ਨਹੀਂ ਆਉਂਦਾ, (ਭਾਵ, ਮਾਰ ਭੀ ਖਾਂਦੇ ਰਹਿੰਦੇ ਹਨ, ਫਿਰ ਭੀ ਇਹ ਮੋਹ ਇਤਨਾ ਪਿਆਰਾ ਲੱਗਦਾ ਹੈ ਕਿ ਇਸ ਵਿਚੋਂ ਨਿਕਲਣ ਨੂੰ ਜੀ ਭੀ ਨਹੀਂ ਕਰਦਾ) ॥੧॥
10200	233	ਹਰਿ ਹਰਿ ਰਾਖਹੁ ਕ੍ਰਿਪਾ ਧਾਰਿ॥		Har Har Raakhahu Kirapaa Dhhaar ||	O Lord, please shower Your Mercy upon me, and save me!	ਹੇ ਹਰੀ! ਹੇ ਹਰੀ! ਮਿਹਰ ਕਰ, (ਮੈਨੂੰ ਮਾਇਆ ਦੇ ਪੰਜੇ ਤੋਂ) ਬਚਾ ਰੱਖ।
10201	233	ਸਤਸੰਗਤਿ ਮੇਲਾਇ ਪ੍ਰਭ ਹਰਿ ਹਿਰਦੈ ਹਰਿ ਗੁਣ ਸਾਰਿ॥੧॥ਰਹਾਉ॥	(ਸਾਰਿ) ਸੰਭਾਲਾਂ	Sathasangath Maelaae Prabh Har Hiradhai Har Gun Saar ||1|| Rehaao ||	O Lord God, please lead me to meet the Sat Sangat, the True Congregation, that I may dwell upon the Glorious Praises of the Lord within my heart. ||1||Pause||	ਹੇ ਹਰੀ! ਹੇ ਪ੍ਰਭੂ! ਮੈਨੂੰ ਸਾਧ ਸੰਗਤਿ ਵਿਚ ਮੇਲ ਰੱਖ, ਤਾ ਕਿ ਮੈਂ ਤੇਰੇ ਗੁਣ ਆਪਣੇ ਹਿਰਦੇ ਵਿਚ ਸਾਂਭ ਰੱਖਾਂ ॥੧॥ ਰਹਾਉ ॥

10202	233	ਸੇ ਭਗਤ ਹਰਿ ਭਾਵਦੇ ਜੋ ਗੁਰਮੁਖਿ ਭਾਇ ਚਲੰਨਿ॥	ਚ–ਲੰਨਿ	Sae Bhagath Har Bhaavadhae Jo Guramukh Bhaae Chalann ||	Those devotees are pleasing to the Lord, who as Gurmukh, walk in harmony with the Way of the Lord's Will.	(ਹੇ ਭਾਈ!) ਪਰਮਾਤਮਾ ਨੂੰ ਉਹ ਭਗਤ ਪਿਆਰੇ ਲੱਗਦੇ ਹਨ, ਜੇਹੜੇ ਗੁਰੂ ਦੀ ਸਰਨ ਪੈ ਕੇ ਗੁਰੂ ਦੇ ਦੱਸੇ ਅਨੁਸਾਰ ਜੀਵਨ ਬਿਤੀਤ ਕਰਦੇ ਹਨ,
10203	233	ਆਪੁ ਛੋਡਿ ਸੇਵਾ ਕਰਨਿ ਜੀਵਤ ਮੁਏ ਰਹੰਨਿ॥੨॥	ਰਹੰਨਿ	Aap Shhodd Saevaa Karan Jeevath Mueae Rehann ||2||	Subduing their selfishness and conceit, and performing selfless service, they remain dead while yet alive. ||2||	ਜੇਹੜੇ (ਗੁਰੂ ਦੇ ਹੁਕਮ ਅਨੁਸਾਰ) ਆਪਾ-ਭਾਵ (ਸੁਆਰਥ) ਛੱਡ ਕੇ ਸੇਵਾ-ਭਗਤੀ ਕਰਦੇ ਹਨ ਤੇ ਦੁਨੀਆ ਦਾ ਕਾਰ-ਵਿਹਾਰ ਕਰਦੇ ਹੋਏ ਹੀ ਮਾਇਆ ਦੇ ਮੋਹ ਵਲੋਂ ਅਛੋਹ ਰਹਿੰਦੇ ਹਨ ॥੨॥
10204	233	ਜਿਸ ਦਾ ਪਿੰਡੁ ਪਰਾਣ ਹੈ ਤਿਸ ਕੀ ਸਿਰਿਕਾਰ॥	(ਸਿਰਿਕਾਰ) ਪਾਤਿਸਾਹੀ	Jis Dhaa Pindd Paraan Hai This Kee Sir Kaar ||	The body and the breath of life belong to the One - perform the greatest service to Him.	(ਹੇ ਭਾਈ!) ਜਿਸ ਪਰਮਾਤਮਾ ਦਾ ਦਿੱਤਾ ਹੋਇਆ ਇਹ ਸਰੀਰ ਹੈ ਜਿਸ ਪਰਮਾਤਮਾ ਦੀ ਦਿੱਤੀ ਹੋਈ ਇਹ ਜਿੰਦ ਹੈ ਉਸੇ ਦਾ ਹੁਕਮ (ਹੀ) ਹਰੇਕ ਦੇ ਸਰੀਰ ਉਤੇ ਚੱਲ ਰਿਹਾ ਹੈ।
10205	233	ਓਹੁ ਕਿਉ ਮਨਹੁ ਵਿਸਾਰੀਐ ਹਰਿ ਰਖੀਐ ਹਿਰਦੈ ਧਾਰਿ॥੩॥		Ouhu Kio Manahu Visaareeai Har Rakheeai Hiradhai Dhaar ||3||	Why forget Him from your mind? Keep the Lord enshrined in your heart. ||3||	ਉਸ ਨੂੰ ਕਿਸੇ ਭੀ ਹਾਲਤ ਵਿਚ ਆਪਣੇ ਮਨ ਤੋਂ ਭੁਲਾਣਾ ਨਹੀਂ ਚਾਹੀਦਾ। ਉਸ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾ ਰੱਖਣਾ ਚਾਹੀਦਾ ਹੈ ॥੩॥

10206	233	ਨਾਮਿ ਮਿਲਿਐ ਪਤਿ ਪਾਈਐ ਨਾਮਿ ਮੰਨਿਐ ਸੁਖੁ ਹੋਇ॥		Naam Miliai Path Paaeeai Naam Manniai Sukh Hoe ||	Receiving the Naam, the Name of the Lord, one obtains honor; believing in the Naam, one is at peace.	(ਹੇ ਭਾਈ!) ਜੇ ਪਰਮਾਤਮਾ ਦਾ ਨਾਮ ਮਿਲ ਜਾਏ ਤਾਂ (ਹਰ ਥਾਂ) ਇੱਜ਼ਤ ਮਿਲਦੀ ਹੈ, ਜੇ ਪਰਮਾਤਮਾ ਦੇ ਨਾਮ ਨਾਲ ਮਨ ਰਿੱਝ ਜਾਏ ਤਾਂ ਆਤਮਕ ਆਨੰਦ ਹਾਸਲ ਹੁੰਦਾ ਹੈ।
10207	233	ਸਤਿਗੁਰ ਤੇ ਨਾਮੁ ਪਾਈਐ ਕਰਮਿ ਮਿਲੈ ਪ੍ਰਭੁ ਸੋਇ॥੪॥		Sathigur Thae Naam Paaeeai Karam Milai Prabh Soe ||4||	The Naam is obtained from the True Guru; by His Grace, God is found. ||4||	(ਪਰ, ਹੇ ਭਾਈ!) ਗੁਰੂ ਪਾਸੋਂ ਹੀ ਪਰਮਾਤਮਾ ਦਾ ਨਾਮ ਮਿਲਦਾ ਹੈ, ਆਪਣੀ ਮਿਹਰ ਨਾਲ ਹੀ ਉਹ ਪਰਮਾਤਮਾ ਮਿਲਦਾ ਹੈ ॥੪॥
10208	233	ਸਤਿਗੁਰ ਤੇ ਜੋ ਮੁਹੁ ਫੇਰੇ ਓਇ ਭ੍ਰਮਦੇ ਨਾ ਟਿਕੰਨਿ॥	ਟਿ-ਕੰਨਿ	Sathigur Thae Jo Muhu Faerae Oue Bhramadhae Naa Ttikann ||	They turn their faces away from the True Guru; they continue to wander aimlessly.	(ਹੇ ਭਾਈ!) ਜੇਹੜੇ ਮਨੁੱਖ ਗੁਰੂ ਵਲੋਂ ਮੂੰਹ ਮੋੜੀ ਰੱਖਦੇ ਹਨ, ਉਹ ਮਨੁੱਖ (ਮਾਇਆ ਦੇ ਮੋਹ ਵਿਚ ਸਦਾ) ਭਟਕਦੇ ਫਿਰਦੇ ਹਨ, ਉਹਨਾਂ ਨੂੰ ਕਦੇ ਆਤਮਕ ਸ਼ਾਂਤੀ ਨਹੀਂ ਲੱਭਦੀ।
10209	233	ਧਰਤਿ ਅਸਮਾਨੁ ਨ ਝਲਈ ਵਿਚਿ ਵਿਸਟਾ ਪਏ ਪਚੰਨਿ॥੫॥	ਝੱਲੱਈ	Dhharath Asamaan N Jhalee Vich Visattaa Peae Pachann ||5||	They are not accepted by the earth or the sky; they fall into manure, and rot. ||5||	ਉਹਨਾਂ ਨੂੰ ਨਾਹ ਧਰਤੀ ਨਾਹ ਆਸਮਾਨ ਝੱਲ ਨਹੀਂ ਸਕਦਾ (ਸਾਰੀ ਸ੍ਰਿਸ਼ਟੀ ਵਿਚ ਕੋਈ ਹੋਰ ਜੀਵ ਉਹਨਾਂ ਨੂੰ ਆਤਮਕ ਸਹਾਰਾ ਨਹੀਂ ਦੇ ਸਕਦਾ) ਉਹ ਮਾਇਆ ਦੇ ਮੋਹ ਦੇ ਗੰਦ ਵਿਚ ਪਏ ਹੋਏ ਹੀ ਆਪਣਾ ਆਤਮਕ ਜੀਵਨ ਸਾੜਦੇ ਰਹਿੰਦੇ ਹਨ ॥੫॥

10210	233	ਇਹੁ ਜਗੁ ਭਰਮਿ ਭੁਲਾਇਆ ਮੋਹਿ ਠਗਉਲੀ ਪਾਇ॥		Eihu Jag Bharam Bhulaaeiaa Moh Thagoulee Paae ||	This world is deluded by doubt - it has taken the drug of emotional attachment.	(ਹੇ ਭਾਈ! ਮਾਇਆ ਨੇ) ਇਸ ਜਗਤ ਨੂੰ (ਆਪਣੇ ਮੋਹ ਦੀ) ਭਟਕਣਾ ਵਿਚ (ਪਾ ਕੇ) ਮੋਹ ਦੀ ਠਗ-ਬੂਟੀ ਖੁਆ ਕੇ ਗ਼ਲਤ ਜੀਵਨ-ਰਾਹ ਤੇ ਪਾਇਆ ਹੋਇਆ ਹੈ।
10211	233	ਜਿਨਾ ਸਤਿਗੁਰੁ ਭੇਟਿਆ ਤਿਨ ਨੇੜਿ ਨ ਭਿਟੈ ਮਾਇ॥੬॥		Jinaa Sathigur Bhaettiaa Thin Naerr N Bhittai Maae ||6||	Maya does not draw near those who have met with the True Guru. ||6||	(ਪਰ ਹੇ ਭਾਈ!) ਜਿਨ੍ਹਾਂ ਨੂੰ ਸਤਿਗੁਰੂ ਮਿਲ ਪੈਂਦਾ ਹੈ, ਇਹ ਮਾਇਆ ਉਹਨਾਂ ਦੇ ਨੇੜੇ ਭੀ ਨਹੀਂ ਢੁੱਕਦੀ (ਉਹਨਾਂ ਉਤੇ ਆਪਣੇ ਮੋਹ ਦਾ ਜਾਦੂ ਨਹੀਂ ਚਲਾ ਸਕਦੀ) ॥੬॥
10212	233	ਸਤਿਗੁਰੁ ਸੇਵਨਿ ਸੋ ਸੋਹਣੇ ਹਉਮੈ ਮੈਲੁ ਗਵਾਇ॥		Sathigur Saevan So Sohanae Houmai Mail Gavaae ||	Those who serve the True Guru are very beautiful; they cast off the filth of selfishness and conceit.	(ਹੇ ਭਾਈ!) ਜੇਹੜੇ ਮਨੁੱਖ ਸਤਿਗੁਰੂ ਦੀ ਸਰਨ ਪੈਂਦੇ ਹਨ ਉਹ (ਆਪਣੇ ਅੰਦਰੋਂ) ਹਉਮੈ ਦੀ ਮੈਲ ਦੂਰ ਕਰ ਕੇ ਸੁਥਰੇ ਜੀਵਨ ਵਾਲੇ ਬਣ ਜਾਂਦੇ ਹਨ।
10213	234	ਸਬਦਿ ਰਤੇ ਸੇ ਨਿਰਮਲੇ ਚਲਹਿ ਸਤਿਗੁਰ ਭਾਇ॥੭॥	ਚੱਲ-ਹਿ	Sabadh Rathae Sae Niramalae Chalehi Sathigur Bhaae ||7||	Those who are attuned to the Shabad are immaculate and pure. They walk in harmony with the Will of the True Guru. ||7||	ਜੇਹੜੇ ਮਨੁੱਖ ਗੁਰੂ ਦੇ ਸ਼ਬਦ (ਦੇ ਰੰਗ) ਵਿਚ ਰੰਗੇ ਜਾਂਦੇ ਹਨ, ਉਹ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ, ਉਹ ਗੁਰੂ ਦੇ ਦੱਸੇ ਹੁਕਮ ਅਨੁਸਾਰ ਤੁਰਦੇ ਹਨ, (ਜੀਵਨ ਬਿਤਾਂਦੇ ਹਨ) ॥੭॥

10214	234	ਹਰਿ ਪ੍ਰਭ ਦਾਤਾ ਏਕੁ ਤੂੰ ਤੂੰ ਆਪੇ ਬਖਸਿ ਮਿਲਾਇ॥		Har Prabh Dhaathaa Eaek Thoon Thoon Aapae Bakhas Milaae ||	O Lord God, You are the One and Only Giver; You forgive us, and unite us with Yourself.	ਹੇ ਹਰੀ! ਹੇ ਪ੍ਰਭੂ! ਸਿਰਫ਼ ਤੂੰ ਹੀ ਹੈਂ ਜੋ (ਗੁਰੂ ਦੀ ਰਾਹੀਂ ਆਪਣੇ ਨਾਮ ਦੀ) ਦਾਤ ਦੇਣ ਵਾਲਾ ਹੈਂ, ਤੂੰ ਆਪ ਹੀ ਮਿਹਰ ਕਰ ਕੇ ਮੈਨੂੰ ਆਪਣੇ ਚਰਨਾਂ ਵਿਚ ਜੋੜ।
10215	234	ਜਨੁ ਨਾਨਕੁ ਸਰਣਾਗਤੀ ਜਿਉ ਭਾਵੈ ਤਿਵੈ ਛਡਾਇ॥੮॥੧॥੯॥		Jan Naanak Saranaagathee Jio Bhaavai Thivai Shhaddaae ||8||1||9||	Servant Nanak seeks Your Sanctuary; if it is Your Will, please save him! ||8||1||9||	(ਮੈਂ ਤੇਰਾ) ਦਾਸ ਨਾਨਕ ਤੇਰੀ ਸਰਨ ਆਇਆ ਹਾਂ, ਜਿਵੇਂ ਤੈਨੂੰ ਚੰਗਾ ਲੱਗੇ, ਮੈਨੂੰ ਉਸੇ ਤਰ੍ਹਾਂ (ਇਸ ਮਾਇਆ ਦੇ ਮੋਹ ਦੇ ਪੰਜੇ ਤੋਂ) ਬਚਾ ਲੈ ॥੮॥੧॥੯॥
10216	234	ਰਾਗੁ ਗਉੜੀ ਪੂਰਬੀ ਮਹਲਾ ੪ ਕਰਹਲੇ		Raag Gourree Poorabee Mehalaa 4 Karehalae	Raag Gauree Poorbee, Fourth Mehl, Karhalay:	ਰਾਗ ਗਉੜੀ-ਪੂਰਬੀ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਕਰਹਲੇ'।
10217	234	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

10218	234	ਕਰਹਲੇ ਮਨ ਪਰਦੇਸੀਆ ਕਿਉ ਮਿਲੀਐ ਹਰਿ ਮਾਇ॥	ਕਰਹਲੇ:ਪੋਲਾ ਬੋਲੋ। (ਕਰਹਲੇ) ਬੇਮੁਹਾਰੇ ਊਠ	Karehalae Man Paradhaeseeaa Kio Mileeai Har Maae ||	O my wandering mind, you are like a camel - how will you meet the Lord, your Mother?	ਹੇ ਬੇ-ਮੁਹਾਰ ਮਨ! ਹੇ (ਇਥੇ) ਪਰਦੇਸ ਵਿਚ ਰਹਿਣ ਵਾਲੇ ਮਨ! (ਤੂੰ ਸਦਾ ਇਸ ਵਤਨ ਵਿਚ ਨਹੀਂ ਟਿਕੇ ਰਹਿਣਾ। ਕਦੇ ਸੋਚ ਕਿ ਉਸ) ਪਰਮਾਤਮਾ ਨੂੰ ਕਿਵੇਂ ਮਿਲਿਆ ਜਾਏ (ਜੇਹੜਾ) ਮਾਂ (ਵਾਂਗ ਸਾਨੂੰ ਪਾਲਦਾ ਹੈ)।
10219	234	ਗੁਰੁ ਭਾਗਿ ਪੂਰੈ ਪਾਇਆ ਗਲਿ ਮਿਲਿਆ ਪਿਆਰਾ ਆਇ॥੧॥		Gur Bhaag Poorai Paaeiaa Gal Miliaa Piaaraa Aae ||1||	When I found the Guru, by the destiny of perfect good fortune, my Beloved came and embraced me. ||1||	(ਹੇ ਬੇ-ਮੁਹਾਰ ਮਨ! ਜਿਸ ਮਨੁੱਖ ਨੂੰ) ਪੂਰੀ ਕਿਸਮਤ ਨਾਲ ਗੁਰੂ ਮਿਲ ਪੈਂਦਾ ਹੈ, ਪਿਆਰਾ ਪਰਮਾਤਮਾ ਉਸ ਦੇ ਗਲ ਨਾਲ ਆ ਲੱਗਦਾ ਹੈ ॥੧॥
10220	234	ਮਨ ਕਰਹਲਾ ਸਤਿਗੁਰੁ ਪੁਰਖੁ ਧਿਆਇ॥੧॥ਰਹਾਉ ॥		Man Karehalaa Sathigur Purakh Dhhiaae ||1|| Rehaao ||	O camel-like mind, meditate on the True Guru, the Primal Being. ||1||Pause||	ਹੇ ਊਂਠ ਦੇ ਬੱਚੇ ਵਾਂਗ ਬੇ-ਮੁਹਾਰ (ਮੇਰੇ) ਮਨ! ਪਰਮਾਤਮਾ ਦੇ ਰੂਪ ਗੁਰੂ ਨੂੰ ਚੇਤੇ ਰੱਖ ॥੧॥ ਰਹਾਉ ॥
10221	234	ਮਨ ਕਰਹਲਾ ਵੀਚਾਰੀਆ ਹਰਿ ਰਾਮ ਨਾਮ ਧਿਆਇ॥	(ਵੀਚਾਰੀਆ) ਵੀਚਾਰ	Man Karehalaa Veechaareeaa Har Raam Naam Dhhiaae ||	O camel-like mind, contemplate the Lord, and meditate on the Lord's Name.	ਹੇ ਬੇ-ਮੁਹਾਰ ਮਨ! ਵਿਚਾਰਵਾਨ ਬਣ, ਤੇ, ਪਰਮਾਤਮਾ ਦਾ ਨਾਮ ਸਿਮਰਦਾ ਰਹੁ।

10222	234	ਜਿਥੈ ਲੇਖਾ ਮੰਗੀਐ ਹਰਿ ਆਪੇ ਲਏ ਛਡਾਇ॥੨॥		Jithhai Laekhaa Mangeeai Har Aapae Leae Shhaddaae ||2||	When you are called to answer for your account, the Lord Himself shall release you. ||2||	(ਜੇ ਸਿਮਰਦਾ ਰਹੇਂਗਾ, ਤਾਂ) ਪਰਮਾਤਮਾ ਆਪ ਹੀ (ਉਥੇ) ਸੁਰਖ਼ਰੂ ਕਰਾ ਲਏਗਾ ਜਿੱਥੇ (ਕੀਤੇ ਕਰਮਾਂ ਦਾ) ਹਿਸਾਬ ਮੰਗਿਆ ਜਾਂਦਾ ਹੈ ॥੨॥
10223	234	ਮਨ ਕਰਹਲਾ ਅਤਿ ਨਿਰਮਲਾ ਮਲੁ ਲਾਗੀ ਹਉਮੈ ਆਇ॥		Man Karehalaa Ath Niramalaa Mal Laagee Houmai Aae ||	O camel-like mind, you were once very pure; the filth of egotism has now attached itself to you.	ਹੇ ਬੇ-ਮੁਹਾਰ ਮਨ! ਤੂੰ (ਅਸਲੇ ਵਲੋਂ) ਬਹੁਤ ਪਵਿਤ੍ਰ ਸੀ, ਪਰ ਤੈਨੂੰ ਹਉਮੈ ਦੀ ਮੈਲ ਆ ਚੰਬੜੀ ਹੈ।
10224	234	ਪਰਤਖਿ ਪਿਰੁ ਘਰਿ ਨਾਲਿ ਪਿਆਰਾ ਵਿਛੁੜਿ ਚੋਟਾ ਖਾਇ॥੩॥	ਪਰਤੱਖਿ	Parathakh Pir Ghar Naal Piaaraa Vishhurr Chottaa Khaae ||3||	Your Beloved Husband is now manifest before you in your own home, but you are separated from Him, and you suffer such pain! ||3||	(ਕਿਆ ਅਜਬ ਮੰਦ-ਭਾਗਤਾ ਹੈ ਕਿ) ਪਤੀ-ਪ੍ਰਭੂ ਪਰਤੱਖ ਤੌਰ ਤੇ ਹਿਰਦੇ ਵਿਚ ਵੱਸ ਰਿਹਾ ਹੈ, (ਜਿੰਦ ਦੇ) ਨਾਲ ਵੱਸ ਰਿਹਾ ਹੈ, (ਪਰ ਜਿੰਦ ਮਾਇਆ ਦੇ ਮੋਹ ਦੇ ਕਾਰਨ ਉਸ ਤੋਂ) ਵਿੱਛੁੜ ਕੇ ਦੁੱਖੀ ਹੋ ਰਹੀ ਹੈ ॥੩॥
10225	234	ਮਨ ਕਰਹਲਾ ਮੇਰੇ ਪ੍ਰੀਤਮਾ ਹਰਿ ਰਿਦੈ ਭਾਲਿ ਭਾਲਾਇ॥		Man Karehalaa Maerae Preethamaa Har Ridhai Bhaal Bhaalaae ||	O my beloved camel-like mind, search for the Lord within your own heart.	ਹੇ ਮੇਰੇ ਪਿਆਰੇ ਮਨ! ਹੇ ਬੇ-ਮੁਹਾਰ ਮਨ! ਆਪਣੇ ਹਿਰਦੇ ਵਿਚ ਪਰਮਾਤਮਾ ਦੀ ਢੂੰਢ ਕਰ, ਢੂੰਢ ਕਰਾ।

10226	234	ਉਪਾਇ ਕਿਤੈ ਨ ਲਭਈ ਗੁਰੁ ਹਿਰਦੈ ਹਰਿ ਦੇਖਾਇ॥੪॥	ਕਿਤੈ: ਪੋਲਾ ਬੋਲੋ। ਲੱ-ਭਈ	Oupaae Kithai N Labhee Gur Hiradhai Har Dhaekhaae ||4||	He cannot be found by any device; the Guru will show you the Lord within your heart. ||4||	ਉਹ ਪਰਮਾਤਮਾ ਕਿਸੇ ਹੋਰ ਹੀਲੇ ਨਾਲ ਨਹੀਂ ਲੱਭਦਾ। ਗੁਰੂ (ਹੀ) ਹਿਰਦੇ ਵਿਚ (ਵੱਸਦਾ) ਵਿਖਾਲ ਦੇਂਦਾ ਹੈ ॥੪॥
10227	234	ਮਨ ਕਰਹਲਾ ਮੇਰੇ ਪ੍ਰੀਤਮਾ ਦਿਨੁ ਰੈਣਿ ਹਰਿ ਲਿਵ ਲਾਇ॥		Man Karehalaa Maerae Preethamaa Dhin Rain Har Liv Laae ||	O my beloved camel-like mind, day and night, lovingly attune yourself to the Lord.	ਹੇ ਬੇ-ਮੁਹਾਰ ਮਨ! ਹੇ ਮੇਰੇ ਪਿਆਰੇ ਮਨ! ਦਿਨ ਰਾਤ ਪਰਮਾਤਮਾ ਦੇ ਚਰਨਾਂ ਵਿਚ ਸੁਰਤ ਜੋੜ।
10228	234	ਘਰੁ ਜਾਇ ਪਾਵਹਿ ਰੰਗ ਮਹਲੀ ਗੁਰੁ ਮੇਲੇ ਹਰਿ ਮੇਲਾਇ॥੫॥		Ghar Jaae Paavehi Rang Mehalee Gur Maelae Har Maelaae ||5||	Return to your own home, and find the palace of love; meet the Guru, and meet the Lord. ||5||	(ਇਸ ਤਰ੍ਹਾਂ ਉਸ) ਆਨੰਦੀ ਦੇ ਮਹਲ ਵਿਚ ਜਾ ਕੇ ਟਿਕਾਣਾ ਲੱਭ ਲਏਂਗਾ। ਪਰ ਗੁਰੂ ਹੀ ਪਰਮਾਤਮਾ ਨਾਲ ਮਿਲਾ ਸਕਦਾ ਹੈ ॥੫॥
10229	234	ਮਨ ਕਰਹਲਾ ਤੂੰ ਮੀਤੁ ਮੇਰਾ ਪਾਖੰਡੁ ਲੋਭੁ ਤਜਾਇ॥	(ਤਜਾਇ) ਛੱਡ	Man Karehalaa Thoon Meeth Maeraa Paakhandd Lobh Thajaae ||	O camel-like mind, you are my friend; abandon hypocrisy and greed.	ਹੇ ਮੇਰੇ ਬੇ-ਮੁਹਾਰ ਮਨ! ਤੂੰ ਮੇਰਾ ਮਿੱਤਰ ਹੈਂ (ਮੈਂ ਤੈਨੂੰ ਸਮਝਾਂਦਾ ਹਾਂ) ਮਾਇਆ ਦਾ ਲਾਲਚ ਛੱਡ ਦੇ ਤੇ ਪਖੰਡ ਛੱਡ ਦੇ।

10230	234	ਪਾਖੰਡਿ ਲੋਭੀ ਮਾਰੀਐ ਜਮ ਡੰਡੁ ਦੇਇ ਸਜਾਇ॥੬॥		Paakhandd Lobhee Maareeai Jam Ddandd Dhaee Sajaae ||6||	The hypocritical and the greedy are struck down; the Messenger of Death punishes them with his club. ||6||	ਪਖੰਡੀ ਤੇ ਲਾਲਚੀ ਦਾ ਆਤਮਕ ਜੀਵਨ ਖ਼ਤਮ ਹੋ ਜਾਂਦਾ ਹੈ। ਆਤਮਕ ਮੌਤ ਦਾ ਸਹਮ ਸਦਾ ਉਸ ਦੇ ਸਿਰ ਉਤੇ ਰਹਿੰਦਾ ਹੈ-ਪਰਮਾਤਮਾ ਇਹ ਉਸ ਨੂੰ ਸਜ਼ਾ ਦੇਂਦਾ ਹੈ ॥੬॥
10231	234	ਮਨ ਕਰਹਲਾ ਮੇਰੇ ਪ੍ਰਾਨ ਤੂੰ ਮੈਲੁ ਪਾਖੰਡੁ ਭਰਮੁ ਗਵਾਇ॥		Man Karehalaa Maerae Praan Thoon Mail Paakhandd Bharam Gavaae ||	O camel-like mind, you are my breath of life; rid yourself of the pollution of hypocrisy and doubt.	ਹੇ ਮੇਰੇ ਪਿਆਰੇ ਮਨ! ਹੇ ਬੇ-ਮੁਹਾਰ ਮਨ! ਤੂੰ (ਆਪਣੇ ਅੰਦਰੋਂ ਵਿਕਾਰਾਂ ਦੀ) ਮੈਲ ਦੂਰ ਕਰ, ਪਖੰਡ ਛੱਡ ਦੇ ਤੇ (ਮਾਇਆ ਦੇ ਪਿੱਛੇ) ਭਟਕਣਾ ਛੱਡ ਦੇ।
10232	234	ਹਰਿ ਅੰਮ੍ਰਿਤ ਸਰੁ ਗੁਰਿ ਪੂਰਿਆ ਮਿਲਿ ਸੰਗਤੀ ਮਲੁ ਲਹਿ ਜਾਇ॥੭॥	ਸੰਗਤੀਂ	Har Anmrith Sar Gur Pooriaa Mil Sangathee Mal Lehi Jaae ||7||	The Perfect Guru is the Ambrosial Pool of the Lord's Nectar; join the Holy Congregation, and wash away this pollution. ||7||	(ਵੇਖ! ਸਾਧ ਸੰਗਤਿ ਵਿਚ) ਪੂਰੇ ਗੁਰੂ ਨੇ ਹਰਿ-ਨਾਮ ਅੰਮ੍ਰਿਤ ਦਾ ਸਰੋਵਰ ਨਕਾ-ਨਕ ਭਰਿਆ ਹੋਇਆ ਹੈ, ਸਾਧ ਸੰਗਤਿ ਵਿਚ ਮਿਲ ਕੇ (ਉਸ ਸਰੋਵਰ ਵਿਚ ਇਸ਼ਨਾਨ ਕਰ, ਤੇਰੀ ਵਿਕਾਰਾਂ ਦੀ) ਮੈਲ ਲਹਿ ਜਾਏਗੀ ॥੭॥
10233	234	ਮਨ ਕਰਹਲਾ ਮੇਰੇ ਪਿਆਰਿਆ ਇਕ ਗੁਰ ਕੀ ਸਿਖ ਸੁਣਾਇ॥	(ਸਿੱਖ) ਸਿੱਖਿਆ	Man Karehalaa Maerae Piaariaa Eik Gur Kee Sikh Sunaae ||	O my dear beloved camel-like mind, listen only to the Teachings of the Guru.	ਹੇ ਬੇ-ਮੁਹਾਰ ਮਨ! ਹੇ ਮੇਰੇ ਪਿਆਰੇ ਮਨ! ਗੁਰੂ ਦੀ ਇਹ ਸਿੱਖਿਆ (ਧਿਆਨ ਨਾਲ) ਸੁਣ!

10234	234	ਇਹੁ ਮੋਹੁ ਮਾਇਆ ਪਸਰਿਆ ਅੰਤਿ ਸਾਥਿ ਨ ਕੋਈ ਜਾਇ॥੮॥		Eihu Mohu Maaeiaa Pasariaa Anth Saathh N Koee Jaae ||8||	This emotional attachment to Maya is so pervasive. Ultimately, nothing shall go along with anyone. ||8||	(ਇਹ ਸਾਰੇ ਸਾਕ-ਸੰਬੰਧੀ ਤੇ ਧਨ-ਪਦਾਰਥ-) ਇਹ ਸਾਰਾ ਮਾਇਆ ਦਾ ਮੋਹ (-ਜਾਲ) ਖਿਲਰਿਆ ਹੋਇਆ ਹੈ, ਅੰਤ ਵੇਲੇ (ਇਸ ਵਿਚੋਂ) ਕੋਈ ਭੀ (ਤੇਰੇ) ਨਾਲ ਨਹੀਂ ਜਾਇਗਾ ॥੮॥
10235	234	ਮਨ ਕਰਹਲਾ ਮੇਰੇ ਸਾਜਨਾ ਹਰਿ ਖਰਚੁ ਲੀਆ ਪਤਿ ਪਾਇ॥		Man Karehalaa Maerae Saajanaa Har Kharach Leeaa Path Paae ||	O camel-like mind, my good friend, take the supplies of the Lord's Name, and obtain honor.	ਹੇ ਮੇਰੇ ਸੱਜਣ ਮਨ! ਹੇ ਮੇਰੇ ਬੇ-ਮੁਹਾਰ ਮਨ! ਜਿਸ ਮਨੁੱਖ ਨੇ (ਇਸ ਜੀਵਨ-ਸਫ਼ਰ ਵਿਚ) ਪਰਮਾਤਮਾ (ਦਾ ਨਾਮ-ਧਨ-) ਖ਼ਰਚ ਪੱਲੇ ਬੱਧਾ ਹੈ,
10236	234	ਹਰਿ ਦਰਗਹ ਪੈਨਾਇਆ ਹਰਿ ਆਪਿ ਲਇਆ ਗਲਿ ਲਾਇ॥੯॥	(ਪੈਨ੍ਹਾਇਆ) ਨਿਵਾਜਿਆ	Har Dharageh Painaaeiaa Har Aap Laeiaa Gal Laae ||9||	In the Court of the Lord, you shall be robed with honor, and the Lord Himself shall embrace you. ||9||	ਉਹ (ਲੋਕ-ਪਰਲੋਕ ਵਿਚ) ਇੱਜ਼ਤ ਖੱਟਦਾ ਹੈ, ਪਰਮਾਤਮਾ ਦੀ ਦਰਗਾਹ ਵਿਚ ਉਸ ਨੂੰ ਆਦਰ-ਸਤਕਾਰ ਮਿਲਦਾ ਹੈ, ਪਰਮਾਤਮਾ ਆਪ ਉਸ ਨੂੰ ਆਪਣੇ ਗਲ ਨਾਲ ਲਾ ਲੈਂਦਾ ਹੈ ॥੯॥
10237	234	ਮਨ ਕਰਹਲਾ ਗੁਰਿ ਮੰਨਿਆ ਗੁਰਮੁਖਿ ਕਾਰ ਕਮਾਇ॥		Man Karehalaa Gur Manniaa Guramukh Kaar Kamaae ||	O camel-like mind, one who surrenders to the Guru becomes Gurmukh, and works for the Lord.	ਹੇ ਮੇਰੇ ਬੇ-ਮੁਹਾਰ ਮਨ! ਗੁਰੂ ਵਿਚ ਸਰਧਾ ਧਾਰ ਕੇ ਗੁਰੂ ਦੀ ਦੱਸੀ ਹੋਈ ਕਾਰ ਕਰ।

10238	234	ਗੁਰ ਆਗੈ ਕਰਿ ਜੋਦੜੀ ਜਨ ਨਾਨਕ ਹਰਿ ਮੇਲਾਇ॥੧੦॥੧॥	(ਜੋਦੜੀ) ਬੇਨਤੀ	Gur Aagai Kar Jodharree Jan Naanak Har Maelaae ||10||1||	Offer your prayers to the Guru; O servant Nanak, He shall unite you with the Lord. ||10||1||	ਹੇ ਦਾਸ ਨਾਨਕ! (ਆਖ-ਹੇ ਬੇ-ਮੁਹਾਰ ਮਨ!) ਗੁਰੂ ਦੇ ਅੱਗੇ ਅਰਜ਼ੋਈ ਕਰ (ਹੇ ਗੁਰੂ! ਮਿਹਰ ਕਰ, ਮੈਨੂੰ) ਪਰਮਾਤਮਾ (ਦੇ ਚਰਨਾਂ) ਵਿਚ ਜੋੜੀ ਰੱਖ ॥੧੦॥੧॥
10239	234	ਗਉੜੀ ਮਹਲਾ ੪॥		Gourree Mehalaa 4 ||	Gauree, Fourth Mehl:	
10240	234	ਮਨ ਕਰਹਲਾ ਵੀਚਾਰੀਆ ਵੀਚਾਰਿ ਦੇਖੁ ਸਮਾਲਿ॥		Man Karehalaa Veechaareeaa Veechaar Dhaekh Samaal ||	O contemplative camel-like mind, contemplate and look carefully.	ਹੇ ਮੇਰੇ ਬੇ-ਮੁਹਾਰ ਮਨ! ਤੂੰ ਵਿਚਾਰਵਾਨ ਬਣ, ਤੂੰ ਵਿਚਾਰ ਕੇ ਵੇਖ, ਤੂੰ ਹੋਸ਼ ਕਰ ਕੇ ਵੇਖ।
10241	234	ਬਨ ਫਿਰਿ ਥਕੇ ਬਨਵਾਸੀਆ ਪਿਰੁ ਗੁਰਮਤਿ ਰਿਦੈ ਨਿਹਾਲਿ॥੧॥	ਬਨ-ਵਾਸੀਆ	Ban Fir Thhakae Ban Vaaseeaa Pir Guramath Ridhai Nihaal ||1||	The forest-dwellers have grown weary of wandering in the forests; following the Guru's Teachings , see your Husband Lord within your heart. ||1||	ਜੰਗਲਾਂ ਵਿਚ ਭਟਕ ਭਟਕ ਕੇ ਥੱਕੇ ਹੋਏ ਹੇ ਜੰਗਲ-ਵਾਸੀ (ਮਨ)! (ਤੇਰਾ) ਮਾਲਕ-ਪ੍ਰਭੂ (ਤੇਰੇ) ਹਿਰਦੇ ਵਿਚ (ਵੱਸ ਰਿਹਾ ਹੈ, ਉਸ ਨੂੰ) ਗੁਰੂ ਦੀ ਮਤਿ ਲੈ ਕੇ (ਆਪਣੇ ਅੰਦਰ) ਵੇਖ ॥੧॥
10242	234	ਮਨ ਕਰਹਲਾ ਗੁਰ ਗੋਵਿੰਦੁ ਸਮਾਲਿ॥੧॥ਰਹਾਉ॥		Man Karehalaa Gur Govindh Samaal ||1|| Rehaao ||	O camel-like mind, dwell upon the Guru and the Lord of the Universe. ||1||Pause||	ਊਠ ਦੇ ਬੱਚੇ ਵਾਂਗ ਹੇ (ਮੇਰੇ) ਬੇ-ਮੁਹਾਰ ਮਨ! ਤੂੰ ਪਰਮਾਤਮਾ (ਦੀ ਯਾਦ) ਨੂੰ (ਆਪਣੇ ਅੰਦਰ) ਸਾਂਭ ਕੇ ਰੱਖ ॥੧॥ ਰਹਾਉ ॥

10243	234	ਮਨ ਕਰਹਲਾ ਵੀਚਾਰੀਆ ਮਨਮੁਖ ਫਾਥਿਆ ਮਹਾ ਜਾਲਿ॥		Man Karehalaa Veechaareeaa Manamukh Faathhiaa Mehaa Jaal ||	O camel-like contemplative mind, the self-willed manmukhs are caught in the great net.	ਹੇ ਬੇ-ਮੁਹਾਰ ਮਨ! ਤੂੰ ਵਿਚਾਰਵਾਨ ਬਣ, (ਵੇਖ,) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਮਾਇਆ ਦੇ ਮੋਹ ਦੇ) ਵੱਡੇ ਜਾਲ ਵਿਚ ਫਸੇ ਪਏ ਹਨ।
10244	234	ਗੁਰਮੁਖਿ ਪ੍ਰਾਣੀ ਮੁਕਤੁ ਹੈ ਹਰਿ ਹਰਿ ਨਾਮੁ ਸਮਾਲਿ॥੨॥		Guramukh Praanee Mukath Hai Har Har Naam Samaal ||2||	The mortal who becomes Gurmukh is liberated, dwelling upon the Name of the Lord, Har, Har. ||2||	ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਪਰਮਾਤਮਾ ਦਾ ਨਾਮ (ਹਿਰਦੇ ਵਿਚ) ਸੰਭਾਲ ਕੇ (ਇਸ ਜਾਲ ਤੋਂ) ਬਚ ਜਾਂਦਾ ਹੈ ॥੨॥
10245	234	ਮਨ ਕਰਹਲਾ ਮੇਰੇ ਪਿਆਰਿਆ ਸਤਸੰਗਤਿ ਸਤਿਗੁਰੁ ਭਾਲਿ॥		Man Karehalaa Maerae Piaariaa Sathasangath Sathigur Bhaal ||	O my dear beloved camel-like mind, seek the Sat Sangat, the True Congregation, and the True Guru.	ਹੇ ਮੇਰੇ ਪਿਆਰੇ ਮਨ! ਹੇ ਬੇ-ਮੁਹਾਰ ਮਨ! ਸਾਧ ਸੰਗਤਿ ਵਿਚ ਜਾਹ, (ਉਥੇ) ਗੁਰੂ ਨੂੰ ਲੱਭ।
10246	234	ਸਤਸੰਗਤਿ ਲਗਿ ਹਰਿ ਧਿਆਈਐ ਹਰਿ ਹਰਿ ਚਲੈ ਤੇਰੈ ਨਾਲਿ॥੩॥	ਲੱਗਿ। ਚੱਲੈ	Sathasangath Lag Har Dhhiaaeeai Har Har Chalai Thaerai Naal ||3||	Joining the Sat Sangat, meditate on the Lord, and the Lord, Har, Har, shall go along with you. ||3||	ਸਾਧ ਸੰਗਤਿ ਦਾ ਆਸਰਾ ਲੈ ਕੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ, ਇਹ ਹਰਿ-ਨਾਮ ਹੀ ਤੇਰੇ ਨਾਲ (ਸਦਾ) ਸਾਥ ਕਰੇਗਾ ॥੩॥

10247	234	ਮਨ ਕਰਹਲਾ ਵਡਭਾਗੀਆ ਹਰਿ ਏਕ ਨਦਰਿ ਨਿਹਾਲਿ॥		Man Karehalaa Vaddabhaageeaa Har Eaek Nadhar Nihaal ||	O very fortunate camel-like mind, with one Glance of Grace from the Lord, you shall be enraptured.	ਹੇ ਬੇ-ਮੁਹਾਰ ਮਨ! ਉਹ ਮਨੁੱਖ ਵੱਡੇ ਭਾਗਾਂ ਵਾਲਾ ਬਣ ਜਾਂਦਾ ਹੈ ਜਿਸ ਉੱਤੇ ਪਰਮਾਤਮਾ ਮਿਹਰ ਦੀ ਇਕ ਨਿਗਾਹ ਕਰਦਾ ਹੈ।
10248	235	ਆਪਿ ਛਡਾਏ ਛੁਟੀਐ ਸਤਿਗੁਰ ਚਰਣ ਸਮਾਲਿ॥੪॥	ਛੁੱਟੀਐ	Aap Shhaddaaeae Shhutteeai Sathigur Charan Samaal ||4||	If the Lord Himself saves you, then you shall be saved. Dwell upon the Feet of the True Guru. ||4||	ਜੇ ਪਰਮਾਤਮਾ ਆਪ ਹੀ (ਮਾਇਆ-ਜਾਲ ਵਿਚੋਂ) ਖ਼ਲਾਸੀ ਕਰਾਏ ਤਾਂ ਹੀ ਗੁਰੂ ਦੇ ਚਰਨਾਂ ਨੂੰ (ਹਿਰਦੇ ਵਿਚ ਸੰਭਾਲ ਕੇ (ਇਸ ਜਾਲ ਵਿਚੋਂ) ਨਿਕਲ ਸਕੀਦਾ ਹੈ ॥੪॥
10249	235	ਮਨ ਕਰਹਲਾ ਮੇਰੇ ਪਿਆਰਿਆ ਵਿਚਿ ਦੇਹੀ ਜੋਤਿ ਸਮਾਲਿ॥		Man Karehalaa Maerae Piaariaa Vich Dhaehee Joth Samaal ||	O my dear beloved camel-like mind, dwell upon the Divine Light within the body.	ਹੇ ਮੇਰੇ ਪਿਆਰੇ ਮਨ! ਹੇ ਬੇ-ਮੁਹਾਰ ਮਨ! (ਤੇਰੇ) ਸਰੀਰ ਵਿਚ (ਰੱਬੀ) ਜੋਤਿ (ਵੱਸ ਰਹੀ ਹੈ, ਇਸ ਨੂੰ) ਸਾਂਭ ਕੇ ਰੱਖ।
10250	235	ਗੁਰਿ ਨਉ ਨਿਧਿ ਨਾਮੁ ਵਿਖਾਲਿਆ ਹਰਿ ਦਾਤਿ ਕਰੀ ਦਇਆਲਿ॥੫॥		Gur No Nidhh Naam Vikhaaliaa Har Dhaath Karee Dhaeiaal ||5||	The Guru has shown me the nine treasures of the Naam. The Merciful Lord has bestowed this gift. ||5||	ਪਰਮਾਤਮਾ ਦਾ ਨਾਮ (ਮਾਨੋ, ਜਗਤ ਦੇ ਸਾਰੇ) ਨੌ ਖ਼ਜ਼ਾਨੇ (ਹੈ) ਜਿਸ ਨੂੰ ਗੁਰੂ ਨੇ ਇਹ ਨਾਮ ਵਿਖਾਲ ਦਿੱਤਾ ਹੈ, ਦਇਆਲ ਪਰਮਾਤਮਾ ਨੇ ਉਸ ਮਨੁੱਖ ਉਤੇ (ਨਾਮ ਦੀ ਇਹ) ਬਖ਼ਸ਼ਸ਼ ਕਰ ਦਿੱਤੀ ਹੈ ॥੫॥

10251	235	ਮਨ ਕਰਹਲਾ ਤੂੰ ਚੰਚਲਾ ਚਤੁਰਾਈ ਛਡਿ ਵਿਕਰਾਲਿ॥	(ਵਿਕਰਾਲਿ) ਡਰਾਉਣੀ	Man Karehalaa Thoon Chanchalaa Chathuraaee Shhadd Vikaraal ||	O camel-like mind, you are so fickle; give up your cleverness and corruption.	ਹੇ ਬੇ-ਮੁਹਾਰ ਮਨ! ਤੂੰ ਕਦੇ ਕਿਤੇ ਟਿਕ ਕੇ ਨਹੀਂ ਬੈਠਦਾ, ਇਹ ਚੰਚਲਤਾ ਇਹ ਚਲਾਕੀ ਛੱਡ ਦੇਹ, (ਇਹ ਚਤੁਰਾਈ) ਭਿਆਨਕ (ਖੂਹ) ਵਿਚ (ਸੁੱਟ ਦੇਵੇਗੀ)।
10252	235	ਹਰਿ ਹਰਿ ਨਾਮੁ ਸਮਾਲਿ ਤੂੰ ਹਰਿ ਮੁਕਤਿ ਕਰੇ ਅੰਤ ਕਾਲਿ॥੬॥		Har Har Naam Samaal Thoon Har Mukath Karae Anth Kaal ||6||	Dwell upon the Name of the Lord, Har, Har; at the very last moment, the Lord shall liberate you. ||6||	(ਹੇ ਬੇ-ਮੁਹਾਰ ਮਨ!) ਪਰਮਾਤਮਾ ਦਾ ਨਾਮ ਸਦਾ ਚੇਤੇ ਰੱਖ, ਪਰਮਾਤਮਾ (ਦਾ ਨਾਮ) ਹੀ ਅੰਤ ਵੇਲੇ (ਮਾਇਆ ਦੇ ਮੋਹ ਦੇ ਜਾਲ ਤੋਂ) ਖ਼ਲਾਸੀ ਦਿਵਾਂਦਾ ਹੈ ॥੬॥
10253	235	ਮਨ ਕਰਹਲਾ ਵਡਭਾਗੀਆ ਤੂੰ ਗਿਆਨੁ ਰਤਨੁ ਸਮਾਲਿ॥		Man Karehalaa Vaddabhaageeaa Thoon Giaan Rathan Samaal ||	O camel-like mind, you are so very fortunate; dwell upon the jewel of spiritual wisdom.	ਹੇ ਬੇ-ਮੁਹਾਰ ਮਨ! ਪਰਮਾਤਮਾ ਨਾਲ ਡੂੰਘੀ ਸਾਂਝ (ਇਕ) ਰਤਨ (ਹੈ ਇਸਨੂੰ) ਤੂੰ ਸਾਂਭ ਕੇ ਰੱਖ, ਤੇ ਵੱਡੇ ਭਾਗਾਂ ਵਾਲਾ ਬਣ।

10254	235	ਗੁਰ ਗਿਆਨੁ ਖੜਗੁ ਹਥਿ ਧਾਰਿਆ ਜਮੁ ਮਾਰਿਅੜਾ ਜਮ ਕਾਲਿ॥੭॥	(ਖੜਗੁ) ਤਲਵਾਰ। (ਜਮ) ਜੰਮਣ (ਕਾਲਿ) ਮਰਨ। ਹੱਥਿ	Gur Giaan Kharrag Hathh Dhhaariaa Jam Maariarraa Jamakaal ||7||	You hold in your hands the sword of the Guru's spiritual wisdom; with this destroyer of death, kill the Messenger of Death. ||7||	ਗੁਰੂ ਦਾ ਦਿੱਤਾ ਹੋਇਆ ਗਿਆਨ (ਗੁਰੂ ਦੀ ਰਾਹੀਂ ਪਰਮਾਤਮਾ ਨਾਲ ਪਈ ਹੋਈ ਡੂੰਘੀ ਸਾਂਝ, ਇਕ) ਖੰਡਾ ਹੈ, (ਜਿਸ ਮਨੁੱਖ ਨੇ ਇਹ ਖੰਡਾ ਆਪਣੇ) ਹੱਥ ਵਿਚ ਫੜ ਲਿਆ, ਉਸ ਨੇ (ਆਤਮਕ) ਮੌਤ ਨੂੰ ਮਾਰਨ ਵਾਲੇ (ਇਸ ਗਿਆਨ-ਖੰਡੇ) ਦੀ ਰਾਹੀਂ ਜਮ ਨੂੰ (ਮੌਤ ਦੇ ਸਹਮ ਨੂੰ, ਆਤਮਕ ਮੌਤ ਨੂੰ) ਮਾਰ ਮੁਕਾਇਆ ॥੭॥
10255	235	ਅੰਤਰਿ ਨਿਧਾਨੁ ਮਨ ਕਰਹਲੇ ਭ੍ਰਮਿ ਭਵਹਿ ਬਾਹਰਿ ਭਾਲਿ॥	(ਭਵਹਿ) ਭਟਕੇ	Anthar Nidhhaan Man Karehalae Bhram Bhavehi Baahar Bhaal ||	The treasure is deep within, O camel-like mind, but you wander around outside in doubt, searching for it.	ਹੇ ਬੇ-ਮੁਹਾਰੇ ਮਨ! (ਪਰਮਾਤਮਾ ਦਾ ਨਾਮ-) ਖ਼ਜ਼ਾਨਾ (ਤੇਰੇ) ਅੰਦਰ ਹੈ, ਪਰ ਤੂੰ ਭਟਕਣਾ ਵਿਚ ਪੈ ਕੇ ਬਾਹਰ ਭਾਲਦਾ ਫਿਰਦਾ ਹੈਂ।
10256	235	ਗੁਰੁ ਪੁਰਖੁ ਪੂਰਾ ਭੇਟਿਆ ਹਰਿ ਸਜਣੁ ਲਧੜਾ ਨਾਲਿ॥੮॥	ਸੱਜਣ ਲੱਧੜਾ	Gur Purakh Pooraa Bhaettiaa Har Sajan Ladhharraa Naal ||8||	Meeting the Perfect Guru, the Primal Being, you shall discover that the Lord, your Best Friend, is with you. ||8||	(ਹੇ ਮਨ!) ਪਰਮਾਤਮਾ-ਦਾ-ਰੂਪ ਗੁਰੂ ਜਿਸ ਮਨੁੱਖ ਨੂੰ ਮਿਲ ਪੈਂਦਾ ਹੈ, ਉਹ ਮਨੁੱਖ ਸੱਜਣ-ਪਰਮਾਤਮਾ ਨੂੰ ਆਪਣੇ ਨਾਲ-ਵੱਸਦਾ (ਅੰਦਰ ਹੀ) ਲੱਭ ਲੈਂਦਾ ਹੈ ॥੮॥

10257	235	ਰੰਗਿ ਰਤੜੇ ਮਨ ਕਰਹਲੇ ਹਰਿ ਰੰਗੁ ਸਦਾ ਸਮਾਲਿ॥	ਰੱਤੜੇ	Rang Ratharrae Man Karehalae Har Rang Sadhaa Samaal ||	You are engrossed in pleasures, O camel-like mind; dwell upon the Lord's lasting love instead!	(ਮਾਇਆ ਦੇ ਮੋਹ ਦੇ) ਰੰਗ ਵਿਚ ਰੰਗੇ ਹੋਏ ਬੇ-ਮੁਹਾਰੇ ਮਨ! ਪਰਮਾਤਮਾ ਦਾ ਪ੍ਰੇਮ-ਰੰਗ ਸਦਾ (ਆਪਣੇ ਅੰਦਰ) ਸਾਂਭ ਕੇ ਰੱਖ।
10258	235	ਹਰਿ ਰੰਗੁ ਕਦੇ ਨ ਉਤਰੈ ਗੁਰ ਸੇਵਾ ਸਬਦੁ ਸਮਾਲਿ॥੯॥		Har Rang Kadhae N Outharai Gur Saevaa Sabadh Samaal ||9||	The color of the Lord's Love never fades away; serve the Guru, and dwell upon the Word of the Shabad. ||9||	ਪਰਮਾਤਮਾ (ਦੇ ਪਿਆਰ) ਦਾ (ਇਹ) ਰੰਗ ਫਿਰ ਕਦੇ ਫਿੱਕਾ ਨਹੀਂ ਪੈਂਦਾ, (ਇਸ ਵਾਸਤੇ ਇਹ ਰੰਗ ਪ੍ਰਾਪਤ ਕਰਨ ਲਈ) ਤੂੰ ਗੁਰੂ ਦੀ ਸਰਨ ਪਉ, ਤੂੰ ਗੁਰੂ ਦਾ ਸ਼ਬਦ ਆਪਣੇ ਹਿਰਦੇ ਵਿਚ ਸੰਭਾਲ ॥੯॥
10259	235	ਹਮ ਪੰਖੀ ਮਨ ਕਰਹਲੇ ਹਰਿ ਤਰਵਰੁ ਪੁਰਖੁ ਅਕਾਲਿ॥	(ਤਰਵਰੁ) ਰੁੱਖ	Ham Pankhee Man Karehalae Har Tharavar Purakh Akaal ||	We are birds, O camel-like mind; the Lord, the Immortal Primal Being, is the tree.	ਹੇ ਬੇ-ਮੁਹਾਰੇ ਮਨ! ਅਸੀਂ ਜੀਵ ਪੰਛੀ ਹਾਂ, ਅਕਾਲ-ਪੁਰਖ ਨੇ (ਸਾਨੂੰ ਜਗਤ ਵਿਚ ਭੇਜਿਆ ਹੈ ਜਿਵੇਂ ਕੋਈ ਰੁੱਖ ਪੰਛੀਆਂ ਦੇ ਰਾਤ-ਬਿਸ੍ਰਾਮ ਲਈ ਆਸਰਾ ਹੁੰਦਾ ਹੈ, ਤਿਵੇਂ) ਉਹ ਸਰਬ-ਵਿਆਪਕ ਹਰੀ (ਸਾਡਾ ਜੀਵ-ਪੰਛੀਆਂ ਦਾ ਆਸਰਾ-) ਰੁੱਖ ਹੈ।
10260	235	ਵਡਭਾਗੀ ਗੁਰਮੁਖਿ ਪਾਇਆ ਜਨ ਨਾਨਕ ਨਾਮੁ ਸਮਾਲਿ॥੧੦॥੨॥		Vaddabhaagee Guramukh Paaeiaa Jan Naanak Naam Samaal ||10||2||	The Gurmukhs are very fortunate - they find it. O servant Nanak, dwell upon the Naam, the Name of the Lord. ||10||2||	ਹੇ ਦਾਸ ਨਾਨਕ! (ਆਖ-ਹੇ ਮਨ!) ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਹਿਰਦੇ ਵਿਚ ਸੰਭਾਲ ਕੇ ਵੱਡੇ ਭਾਗਾਂ ਵਾਲੇ (ਜੀਵ-ਪੰਛੀਆਂ) ਨੇ ਉਹ ਆਸਰਾ ਹਾਸਲ ਕੀਤਾ ਹੈ ॥੧੦॥੨॥

10261	235	ਰਾਗੁ ਗਉੜੀ ਗੁਆਰੇਰੀ ਮਹਲਾ ੫ ਅਸਟਪਦੀਆ	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Raag Gourree Guaaraeree Mehalaa 5 Asattapadheeaa	Raag Gauree Gwaarayree, Fifth Mehl, Ashtapadees:	ਰਾਗ ਗਉੜੀ-ਗੁਆਰੇਰੀ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
10262	235	ੴ ਸਤਿਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ॥		Ik Oankaar Sathinaam Karathaa Purakh Gur Prasaadh ||	One Universal Creator God. Truth Is The Name. Creative Being Personified. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ, ਜੋ ਸ੍ਰਿਸ਼ਟੀ ਦਾ ਰਚਨਹਾਰ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
10263	235	ਜਬ ਇਹੁ ਮਨ ਮਹਿ ਕਰਤ ਗੁਮਾਨਾ॥		Jab Eihu Man Mehi Karath Gumaanaa ||	When this mind is filled with pride,	(ਹੇ ਭਾਈ!) ਜਦੋਂ ਮਨੁੱਖ (ਆਪਣੇ) ਮਨ ਵਿਚ (ਵੱਡੇ ਹੋਣ ਦਾ) ਮਾਣ ਕਰਦਾ ਹੈ,
10264	235	ਤਬ ਇਹੁ ਬਾਵਰੁ ਫਿਰਤ ਬਿਗਾਨਾ॥		Thab Eihu Baavar Firath Bigaanaa ||	Then it wanders around like a madman and a lunatic.	ਤਦੋਂ (ਉਸ ਅਹੰਕਾਰ ਵਿਚ) ਝੱਲਾ (ਹੋਇਆ) ਮਨੁੱਖ (ਸਭ ਲੋਕਾਂ ਤੋਂ) ਵੱਖਰਾ ਵੱਖਰਾ ਤੁਰਿਆ ਫਿਰਦਾ ਹੈ।
10265	235	ਜਬ ਇਹੁ ਹੂਆ ਸਗਲ ਕੀ ਰੀਨਾ॥		Jab Eihu Hooaa Sagal Kee Reenaa ||	But when it becomes the dust of all,	ਪਰ ਜਦੋਂ ਇਹ ਸਭ ਲੋਕਾਂ ਦੀ ਚਰਨ-ਧੂੜ ਹੋ ਗਿਆ,
10266	235	ਤਾ ਤੇ ਰਮਈਆ ਘਟਿ ਘਟਿ ਚੀਨਾ॥੧॥	ਰ-ਮਈਆ	Thaa Thae Rameeaa Ghatt Ghatt Cheenaa ||1||	Then it recognizes the Lord in each and every heart. ||1||	ਤਦੋਂ ਇਸ ਨੇ ਸੋਹਣੇ ਰਾਮ ਨੂੰ ਹਰੇਕ ਸਰੀਰ ਵਿਚ ਵੇਖ ਲਿਆ ॥੧॥
10267	235	ਸਹਜ ਸੁਹੇਲਾ ਫਲੁ ਮਸਕੀਨੀ॥	(ਮਸਕੀਨੀ) ਗ਼ੀਬੀ	Sehaj Suhaelaa Fal Masakeenee ||	The fruit of humility is intuitive peace and pleasure.	(ਹੇ ਭਾਈ!) ਮੇਰੇ ਗੁਰੂ ਨੇ ਮੈਨੂੰ (ਗਰੀਬੀ ਸੁਭਾਵ ਦੀ) ਦਾਤ ਬਖ਼ਸ਼ੀ,

10268	235	ਸਤਿਗੁਰ ਅਪੁਨੈ ਮੋਹਿ ਦਾਨੁ ਦੀਨੀ॥੧॥ਰਹਾਉ॥		Sathigur Apunai Mohi Dhaan Dheenee ||1|| Rehaao ||	My True Guru has given me this gift. ||1||Pause||	ਉਸ ਗਰੀਬੀ ਸੁਭਾਵ ਦਾ ਫਲ ਇਹ ਹੋਇਆ ਹੈ ਕਿ ਮੈਨੂੰ ਆਤਮਕ ਅਡੋਲਤਾ ਮਿਲ ਗਈ, ਮੈਂ ਸੁਖੀ ਹਾਂ ॥੧॥ ਰਹਾਉ ॥
10269	235	ਜਬ ਕਿਸ ਕਉ ਇਹੁ ਜਾਨਸਿ ਮੰਦਾ॥		Jab Kis Ko Eihu Jaanas Mandhaa ||	When he believes others to be bad,	ਜਦ ਤਕ ਮਨੁੱਖ ਹਰ ਕਿਸੇ ਨੂੰ ਭੈੜਾ ਸਮਝਦਾ ਹੈ,
10270	235	ਤਬ ਸਗਲੇ ਇਸੁ ਮੇਲਹਿ ਫੰਦਾ॥		Thab Sagalae Eis Maelehi Fandhaa ||	Then everyone lays traps for him.	ਤਦ ਤਕ (ਇਸ ਨੂੰ ਇਉਂ ਜਾਪਦਾ ਹੈ ਕਿ) ਸਾਰੇ ਲੋਕ ਇਸ ਦੇ ਵਾਸਤੇ (ਠੱਗੀ ਦੇ) ਜਾਲ ਵਿਛਾ ਰਹੇ ਹਨ।
10271	235	ਮੇਰ ਤੇਰ ਜਬ ਇਨਹਿ ਚੁਕਾਈ॥		Maer Thaer Jab Einehi Chukaaee ||	But when he stops thinking in terms of 'mine' and 'yours',	ਪਰ ਜਦੋਂ ਇਸ ਨੇ (ਆਪਣੇ ਅੰਦਰੋਂ) ਵਿਤਕਰਾ ਦੂਰ ਕਰ ਦਿੱਤਾ,
10272	235	ਤਾ ਤੇ ਇਸੁ ਸੰਗਿ ਨਹੀ ਬੈਰਾਈ॥੨॥		Thaa Thae Eis Sang Nehee Bairaaee ||2||	Then no one is angry with him. ||2||	ਤਦੋਂ (ਇਸ ਨੂੰ ਯਕੀਨ ਬਣ ਜਾਂਦਾ ਹੈ ਕਿ (ਕੋਈ ਇਸ ਨਾਲ ਵੈਰ ਨਹੀਂ ਕਰ ਰਿਹਾ ॥੨॥
10273	235	ਜਬ ਇਨਿ ਅਪੁਨੀ ਅਪਨੀ ਧਾਰੀ॥		Jab Ein Apunee Apanee Dhhaaree ||	When he clings to 'my own, my own',	ਜਦ ਤਕ ਇਸ ਮਨੁੱਖ ਨੇ (ਮਨ ਵਿਚ) ਆਪਣੀ ਹੀ ਗ਼ਰਜ਼ ਟਿਕਾਈ ਰੱਖੀ,
10274	235	ਤਬ ਇਸ ਕਉ ਹੈ ਮੁਸਕਲੁ ਭਾਰੀ॥		Thab Eis Ko Hai Musakal Bhaaree ||	Then he is in deep trouble.	ਤਦ ਤਕ ਇਸ ਨੂੰ ਬੜੀ ਔਖਿਆਈ ਬਣੀ ਰਹਿੰਦੀ ਹੈ।

10275	235	ਜਬ ਇਨਿ ਕਰਣੈਹਾਰੁ ਪਛਾਤਾ॥		Jab Ein Karanaihaar Pashhaathaa ||	But when he recognizes the Creator Lord,	ਪਰ ਜਦੋਂ ਇਸ ਨੇ (ਹਰ ਥਾਂ) ਸਿਰਜਣਹਾਰ ਨੂੰ ਹੀ (ਵੱਸਦਾ) ਪਛਾਣ ਲਿਆ,
10276	235	ਤਬ ਇਸ ਨੋ ਨਾਹੀ ਕਿਛੁ ਤਾਤਾ॥੩॥	(ਤੱਾਤਾ) ਈਰਖਾ	Thab Eis No Naahee Kishh Thaathaa ||3||	Then he is free of torment. ||3||	ਤਦੋਂ ਇਸ ਨੂੰ (ਕਿਸੇ ਨਾਲ) ਕੋਈ ਸਾੜਾ ਨਹੀਂ ਰਹਿ ਜਾਂਦਾ ॥੩॥
10277	235	ਜਬ ਇਨਿ ਅਪੁਨੋ ਬਾਧਿਓ ਮੋਹਾ॥	ਬੱਾਧਿਓ	Jab Ein Apuno Baadhhiou Mohaa ||	When he entangles himself in emotional attachment,	ਜਦ ਤਕ ਇਸ ਮਨੁੱਖ ਨੇ (ਦੁਨੀਆ ਨਾਲ) ਆਪਣਾ ਮੋਹ ਪੱਕਾ ਕੀਤਾ ਹੋਇਆ ਹੈ,
10278	235	ਆਵੈ ਜਾਇ ਸਦਾ ਜਮਿ ਜੋਹਾ॥	ਜਮਿ: ਪੋਲਾ ਬੋਲੋ	Aavai Jaae Sadhaa Jam Johaa ||	He comes and goes in reincarnation, under the constant gaze of Death.	ਤਦ ਤਕ ਇਹ ਭਟਕਦਾ ਰਹਿੰਦਾ ਹੈ, ਆਤਮਕ ਮੌਤ ਨੇ (ਤਦ ਤਕ) ਸਦਾ ਇਸ ਨੂੰ ਆਪਣੀ ਤੱਕ ਵਿਚ ਰੱਖਿਆ ਹੋਇਆ ਹੈ।
10279	235	ਜਬ ਇਸ ਤੇ ਸਭ ਬਿਨਸੇ ਭਰਮਾ॥		Jab Eis Thae Sabh Binasae Bharamaa ||	But when all his doubts are removed,	ਪਰ ਜਦੋਂ ਇਸ ਦੇ ਅੰਦਰੋਂ ਸਾਰੀਆਂ ਭਟਕਣਾ ਮੁੱਕ ਜਾਂਦੀਆਂ ਹਨ,
10280	235	ਭੇਦੁ ਨਾਹੀ ਹੈ ਪਾਰਬ੍ਰਹਮਾ॥੪॥		Bhaedh Naahee Hai Paarabrehamaa ||4||	Then there is no difference between him and the Supreme Lord God. ||4||	ਤਦੋਂ ਇਸ ਵਿਚ ਤੇ ਪਰਮਾਤਮਾ ਵਿਚ ਕੋਈ ਵਿੱਥ ਨਹੀਂ ਰਹਿ ਜਾਂਦੀ ॥੪॥
10281	235	ਜਬ ਇਨਿ ਕਿਛੁ ਕਰਿ ਮਾਨੇ ਭੇਦਾ॥	(ਭੇਦਾ) ਫਰਕ	Jab Ein Kishh Kar Maanae Bhaedhaa ||	When he perceives differences,	ਜਦ ਤਕ ਇਸ ਮਨੁੱਖ ਨੇ (ਦੂਜਿਆਂ ਨਾਲੋਂ) ਕੋਈ ਵਿਤਕਰੇ ਮਿਥ ਰੱਖੇ ਹਨ,

10282	235	ਤਬ ਤੇ ਦੂਖ ਡੰਡ ਅਰੁ ਖੇਦਾ॥	(ਖੇਦਾ) ਕਸ਼ਟ	Thab Thae Dhookh Ddandd Ar Khaedhaa ||	Then he suffers pain, punishment and sorrow.	ਤਦ ਤਕ ਇਸ ਦੀ ਆਤਮਾ ਨੂੰ ਦੁੱਖਾਂ-ਕਲੇਸ਼ਾਂ ਦੀਆਂ ਸਜ਼ਾਵਾਂ ਮਿਲਦੀਆਂ ਰਹਿੰਦੀਆਂ ਹਨ।
10283	235	ਜਬ ਇਨਿ ਏਕੋ ਏਕੀ ਬੂਝਿਆ॥	ਬੂੱਝਿਆ	Jab Ein Eaeko Eaekee Boojhiaa ||	But when he recognizes the One and Only Lord,	ਪਰ ਜਦੋਂ ਇਸ ਨੇ (ਹਰ ਥਾਂ) ਇਕ ਪਰਮਾਤਮਾ ਨੂੰ ਹੀ ਵੱਸਦਾ ਸਮਝ ਲਿਆ,
10284	235	ਤਬ ਤੇ ਇਸ ਨੋ ਸਭੁ ਕਿਛੁ ਸੂਝਿਆ॥੫॥	ਸੂੱਝਿਆ	Thab Thae Eis No Sabh Kishh Soojhiaa ||5||	He understands everything. ||5||	ਤਦੋਂ ਇਸ ਨੂੰ (ਸਹੀ ਜੀਵਨ-ਜੁਗਤਿ ਦਾ) ਹਰੇਕ ਅੰਗ ਸੁੱਝ ਪੈਂਦਾ ਹੈ ॥੫॥
10285	235	ਜਬ ਇਹੁ ਧਾਵੈ ਮਾਇਆ ਅਰਥੀ॥	(ਅਰਥੀ) ਅਧੀਨ, ਲੋੜਵੰਦ	Jab Eihu Dhhaavai Maaeiaa Arathhee ||	When he runs around for the sake of Maya and riches,	ਜਿਤਨਾ ਚਿਰ ਇਹ ਮਨੁੱਖ ਮਾਇਆ ਦਾ ਮੁਥਾਜ ਹੋ ਕੇ (ਹਰ ਪਾਸੇ) ਭਟਕਦਾ ਫਿਰਦਾ ਹੈ,
10286	235	ਨਹ ਤ੍ਰਿਪਤਾਵੈ ਨਹ ਤਿਸ ਲਾਥੀ॥		Neh Thripathaavai Neh This Laathhee ||	He is not satisfied, and his desires are not quenched.	ਤਦੋਂ ਤਕ ਇਹ ਤ੍ਰਿਪਤ ਨਹੀਂ ਹੁੰਦਾ। ਇਸ ਦੀ ਮਾਇਆ ਵਾਲੀ ਤ੍ਰਿਸ਼ਨਾ ਮੁੱਕਦੀ ਨਹੀਂ।
10287	235	ਜਬ ਇਸ ਤੇ ਇਹੁ ਹੋਇਓ ਜਉਲਾ॥	(ਜਉੱਲਾ) ਜੁਦਾ ਨਿਰਲੇਪ	Jab Eis Thae Eihu Hoeiou Joulaa ||	But when he runs away from Maya,	ਜਦੋਂ ਇਹ ਮਨੁੱਖ ਇਸ ਮਾਇਆ-ਮੋਹ ਤੋਂ ਵੱਖ ਹੋ ਜਾਂਦਾ ਹੈ,
10288	235	ਪੀਛੈ ਲਾਗਿ ਚਲੀ ਉਠਿ ਕਉਲਾ॥੬॥	(ਕਉੱਲਾ) ਮਾਇਆ ਲੱਛਮੀ। ਚੱਲੀ	Peeshhai Laag Chalee Outh Koulaa ||6||	Then the Goddess of Wealth gets up and follows him. ||6||	ਤਦੋਂ ਮਾਇਆ ਇਸ ਦੇ ਪਿਛੇ ਪਿਛੇ ਲੱਗ ਤੁਰਦੀ ਹੈ। (ਮਾਇਆ ਇਸ ਦੀ ਦਾਸੀ ਬਣ ਜਾਂਦੀ ਹੈ) ॥੬॥

10289	235	ਕਰਿ ਕਿਰਪਾ ਜਉ ਸਤਿਗੁਰੁ ਮਿਲਿਓ॥		Kar Kirapaa Jo Sathigur Miliou ||	When, by His Grace, the True Guru is met,	ਜਦੋਂ (ਕਿਸੇ ਮਨੁੱਖ ਨੂੰ) ਗੁਰੂ ਮਿਹਰ ਕਰ ਕੇ ਮਿਲ ਪੈਂਦਾ ਹੈ,
10290	235	ਮਨ ਮੰਦਰ ਮਹਿ ਦੀਪਕੁ ਜਲਿਓ॥		Man Mandhar Mehi Dheepak Jaliou ||	The lamp is lit within the temple of the mind.	ਉਸ ਦੇ ਮਨ ਵਿਚ ਗਿਆਨ ਹੋ ਜਾਂਦਾ ਹੈ, ਜਿਵੇਂ ਘਰ ਵਿਚ ਦੀਵਾ ਜਗ ਪੈਂਦਾ ਹੈ (ਤੇ ਘਰ ਦੀ ਹਰੇਕ ਚੀਜ਼ ਦਿੱਸ ਪੈਂਦੀ ਹੈ।)
10291	235	ਜੀਤ ਹਾਰ ਕੀ ਸੋਝੀ ਕਰੀ॥		Jeeth Haar Kee Sojhee Karee ||	When he realizes what victory and defeat really are,	ਤਦੋਂ ਮਨੁੱਖ ਨੂੰ ਸਮਝ ਪੈ ਜਾਂਦੀ ਹੈ ਕਿ ਮਨੁੱਖਾ ਜੀਵਨ ਵਿਚ ਅਸਲ ਜਿੱਤ ਕੀਹ ਹੈ ਤੇ ਹਾਰ ਕੀਹ ਹੈ,
10292	235	ਤਉ ਇਸੁ ਘਰ ਕੀ ਕੀਮਤਿ ਪਰੀ॥੭॥		Tho Eis Ghar Kee Keemath Paree ||7||	Then he comes to appreciate the true value of his own home. ||7||	ਤਦੋਂ ਇਸ ਨੂੰ ਆਪਣੇ ਸਰੀਰ ਦੀ ਕਦਰ ਮਲੂਮ ਹੋ ਜਾਂਦੀ ਹੈ (ਤੇ ਇਸ ਨੂੰ ਵਿਕਾਰਾਂ ਵਿਚ ਨਹੀਂ ਰੋਲਦਾ) ॥੭॥
10293	236	ਕਰਨ ਕਰਾਵਨ ਸਭੁ ਕਿਛੁ ਏਕੈ॥		Karan Karaavan Sabh Kishh Eaekai ||	The One Lord is the Creator of all things, the Cause of causes.	(ਜੀਵ ਵਿਚਾਰੇ ਦੇ ਕੀਹ ਵੱਸ?) ਸਿਰਫ਼ ਪਰਮਾਤਮਾ ਹੀ (ਹਰੇਕ ਜੀਵ ਵਿਚ ਵਿਆਪਕ ਹੋ ਕੇ) ਸਭ ਕੁਝ ਕਰ ਰਿਹਾ ਹੈ,
10294	236	ਆਪੇ ਬੁਧਿ ਬੀਚਾਰਿ ਬਿਬੇਕੈ॥	(ਬਿਬੇਕੈ) ਨਿਰਣਾ	Aapae Budhh Beechaar Bibaekai ||	He Himself is wisdom, contemplation and discerning understanding.	ਤੇ ਉਹ ਪ੍ਰਭੂ ਆਪ ਹੀ (ਹਰੇਕ ਜੀਵ ਨੂੰ) ਅਕਲ (ਬਖ਼ਸ਼ਦਾ ਹੈ), ਆਪ ਹੀ (ਹਰੇਕ ਜੀਵ ਵਿਚ ਵਿਆਪਕ ਹੋ ਕੇ) ਵਿਚਾਰ ਕੇ (ਜੀਵਨ ਜੁਗਤਿ ਨੂੰ) ਪਰਖਦਾ ਹੈ।

10295	236	ਦੂਰਿ ਨ ਨੇਰੈ ਸਭ ਕੈ ਸੰਗਾ॥		Dhoor N Naerai Sabh Kai Sangaa ||	He is not far away; He is near at hand, with all.	ਉਹ ਪਰਮਾਤਮਾ ਕਿਸੇ ਤੋਂ ਦੂਰ ਨਹੀਂ ਵੱਸਦਾ, ਸਭ ਦੇ ਨੇੜੇ ਵੱਸਦਾ ਹੈ, ਸਭ ਦੇ ਨਾਲ ਵੱਸਦਾ ਹੈ।
10296	236	ਸਚੁ ਸਾਲਾਹਣੁ ਨਾਨਕ ਹਰਿ ਰੰਗਾ॥੮॥੧॥		Sach Saalaahan Naanak Har Rangaa ||8||1||	So praise the True One, O Nanak, with love! ||8||1||	ਹੇ ਨਾਨਕ! ਉਹ ਪ੍ਰਭੂ ਸਦਾ-ਥਿਰ ਰਹਿਣ ਵਾਲਾ ਹੈ, ਉਹੀ ਸਭ ਚੋਜ-ਤਮਾਸ਼ੇ ਕਰਨ ਵਾਲਾ ਹੈ, ਉਹੀ ਸਾਲਾਹਣ-ਜੋਗ ਹੈ ॥੮॥੧॥
10297	236	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
10298	236	ਗੁਰ ਸੇਵਾ ਤੇ ਨਾਮੇ ਲਾਗਾ॥		Gur Saevaa Thae Naamae Laagaa ||	Serving the Guru, one is committed to the Naam, the Name of the Lord.	(ਪਰ, ਹੇ ਮੇਰੇ ਮਨ!) ਉਹ ਮਨੁੱਖ ਹੀ ਪਰਮਾਤਮਾ ਦੇ ਨਾਮ ਵਿਚ ਜੁੜਦਾ ਹੈ ਜੇਹੜਾ ਗੁਰੂ ਦੀ ਸਰਨ ਪੈਂਦਾ ਹੈ।
10299	236	ਤਿਸ ਕਉ ਮਿਲਿਆ ਜਿਸੁ ਮਸਤਕਿ ਭਾਗਾ॥		This Ko Miliaa Jis Masathak Bhaagaa ||	It is received only by those who have such good destiny inscribed upon their foreheads.	(ਗੁਰੂ ਦੀ ਸਰਨ ਪਿਆਂ ਮਨੁੱਖ ਹਰਿ-ਨਾਮ ਵਿਚ ਲੱਗਦਾ ਹੈ, ਤੇ ਗੁਰੂ) ਉਸ ਮਨੁੱਖ ਨੂੰ ਮਿਲਦਾ ਹੈ ਜਿਸ ਦੇ ਮੱਥੇ ਉਤੇ ਭਾਗ ਜਾਗ ਪੈਣ।
10300	236	ਤਿਸ ਕੈ ਹਿਰਦੈ ਰਵਿਆ ਸੋਇ॥		This Kai Hiradhai Raviaa Soe ||	The Lord dwells within their hearts.	(ਫਿਰ) ਉਸ ਮਨੁੱਖ ਦੇ ਹਿਰਦੇ ਵਿਚ ਉਹ ਪਰਮਾਤਮਾ ਆ ਵੱਸਦਾ ਹੈ,
10301	236	ਮਨੁ ਤਨੁ ਸੀਤਲੁ ਨਿਹਚਲੁ ਹੋਇ॥੧॥		Man Than Seethal Nihachal Hoe ||1||	Their minds and bodies become peaceful and stable. ||1||	ਤੇ ਉਸ ਦਾ ਮਨ ਤੇ ਸਰੀਰ (ਹਿਰਦਾ) ਠੰਢਾ-ਠਾਰ ਹੋ ਜਾਂਦਾ ਹੈ, ਵਿਕਾਰਾਂ ਵਲੋਂ ਅਡੋਲ ਹੋ ਜਾਂਦਾ ਹੈ ॥੧॥

10302	236	ਐਸਾ ਕੀਰਤਨੁ ਕਰਿ ਮਨ ਮੇਰੇ॥		Aisaa Keerathan Kar Man Maerae ||	O my mind, sing such Praises of the Lord,	ਹੇ ਮੇਰੇ ਮਨ! ਤੂੰ ਪਰਮਾਤਮਾ ਦੀ ਇਹੋ ਜਿਹੀ ਸਿਫ਼ਤ-ਸਾਲਾਹ ਕਰਦਾ ਰਹੁ,
10303	236	ਈਹਾ ਊਹਾ ਜੋ ਕਾਮਿ ਤੇਰੈ॥੧॥ਰਹਾਉ॥		Eehaa Oohaa Jo Kaam Thaerai ||1|| Rehaao ||	Which shall be of use to you here and hereafter. ||1||Pause||	ਜੇਹੜੀ ਤੇਰੀ ਇਸ ਜ਼ਿੰਦਗੀ ਵਿਚ ਭੀ ਕੰਮ ਆਵੇ, ਤੇ ਪਰਲੋਕ ਵਿਚ ਭੀ ਤੇਰੇ ਕੰਮ ਆਵੇ ॥੧॥ ਰਹਾਉ ॥
10304	236	ਜਾਸੁ ਜਪਤ ਭਉ ਅਪਦਾ ਜਾਇ॥	(ਅਪਦਾ) ਬਿਪਤਾ	Jaas Japath Bho Apadhaa Jaae ||	Meditating on Him, fear and misfortune depart,	(ਹੇ ਮੇਰੇ ਮਨ! ਤੂੰ ਉਸ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਰਹੁ) ਜਿਸ ਦਾ ਨਾਮ ਜਪਿਆਂ ਹਰੇਕ ਕਿਸਮ ਦਾ ਡਰ ਦੂਰ ਹੋ ਜਾਂਦਾ ਹੈ ਹਰੇਕ ਬਿਪਤਾ ਟਲ ਜਾਂਦੀ ਹੈ,
10305	236	ਧਾਵਤ ਮਨੂਆ ਆਵੈ ਠਾਇ॥		Dhhaavath Manooaa Aavai Thaae ||	And the wandering mind is held steady.	ਵਿਕਾਰਾਂ ਵਲ ਦੌੜਦਾ ਮਨ ਟਿਕਾਣੇ ਆ ਜਾਂਦਾ ਹੈ।
10306	236	ਜਾਸੁ ਜਪਤ ਫਿਰਿ ਦੂਖੁ ਨ ਲਾਗੈ॥		Jaas Japath Fir Dhookh N Laagai ||	Meditating on Him, suffering shall never again overtake you.	ਜਿਸ ਦਾ ਨਾਮ ਜਪਿਆਂ ਫਿਰ ਕੋਈ ਦੁੱਖ ਪੋਹ ਨਹੀਂ ਸਕਦਾ,
10307	236	ਜਾਸੁ ਜਪਤ ਇਹ ਹਉਮੈ ਭਾਗੈ॥੨॥		Jaas Japath Eih Houmai Bhaagai ||2||	Meditating on Him, this ego runs away. ||2||	ਤੇ ਜਿਸ ਦਾ ਨਾਮ ਜਪਿਆਂ ਅੰਦਰੋਂ ਹਉਮੈ ਦੂਰ ਹੋ ਜਾਂਦੀ ਹੈ ॥੨॥
10308	236	ਜਾਸੁ ਜਪਤ ਵਸਿ ਆਵਹਿ ਪੰਚਾ॥	ਵੱਸਿ	Jaas Japath Vas Aavehi Panchaa ||	Meditating on Him, the five passions are overcome.	ਜਿਸ ਦਾ ਨਾਮ ਜਪਿਆਂ (ਕਾਮਾਦਿਕ) ਪੰਜੇ ਵਿਕਾਰ ਕਾਬੂ ਆ ਜਾਂਦੇ ਹਨ,

10309	236	ਜਾਸੁ ਜਪਤ ਰਿਦੈ ਅੰਮ੍ਰਿਤੁ ਸੰਚਾ॥	(ਸੰਚਾ) ਪ੍ਰਾਪਤ ਹੋਵੇ	Jaas Japath Ridhai Anmrith Sanchaa ||	Meditating on Him, Ambrosial Nectar is collected in the heart.	ਜਿਸ ਦਾ ਨਾਮ ਜਪਿਆਂ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਹਿਰਦੇ ਵਿਚ ਇਕੱਠਾ ਕਰ ਸਕੀਦਾ ਹੈ।
10310	236	ਜਾਸੁ ਜਪਤ ਇਹ ਤ੍ਰਿਸਨਾ ਬੁਝੈ॥	ਬੁਝੈ: ਪੋਲਾ ਬੋਲੋ	Jaas Japath Eih Thrisanaa Bujhai ||	Meditating on Him, this desire is quenched.	ਜਿਸ ਦਾ ਨਾਮ ਜਪਿਆਂ ਮਾਇਆ ਦੀ ਤ੍ਰੇਹ ਬੁੱਝ ਜਾਂਦੀ ਹੈ,
10311	236	ਜਾਸੁ ਜਪਤ ਹਰਿ ਦਰਗਹ ਸਿਝੈ॥੩॥	(ਸਿੱਝੈ) ਮੁਕਤ	Jaas Japath Har Dharageh Sijhai ||3||	Meditating on Him, one is approved in the Court of the Lord. ||3||	ਤੇ ਜਿਸ ਦਾ ਨਾਮ ਜਪਿਆਂ ਪਰਮਾਤਮਾ ਦੀ ਦਰਗਾਹ ਵਿਚ ਭੀ ਕਾਮਯਾਬ ਹੋ ਜਾਈਦਾ ਹੈ ॥੩॥
10312	236	ਜਾਸੁ ਜਪਤ ਕੋਟਿ ਮਿਟਹਿ ਅਪਰਾਧ॥		Jaas Japath Kott Mittehi Aparaadhh ||	Meditating on Him, millions of mistakes are erased.	(ਹੇ ਭਾਈ! ਤੂੰ ਉਸ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਰਹੁ) ਜਿਸ ਦਾ ਨਾਮ ਜਪਿਆਂ (ਪਿਛਲੇ ਕੀਤੇ ਹੋਏ) ਕ੍ਰੋੜਾਂ ਪਾਪ ਮਿਟ ਜਾਂਦੇ ਹਨ,
10313	236	ਜਾਸੁ ਜਪਤ ਹਰਿ ਹੋਵਹਿ ਸਾਧ॥		Jaas Japath Har Hovehi Saadhh ||	Meditating on Him, one becomes Holy, blessed by the Lord.	ਤੇ ਜਿਸ ਦਾ ਨਾਮ ਜਪਿਆਂ (ਅਗਾਂਹ ਵਾਸਤੇ) ਭਲੇ ਮਨੁੱਖ ਬਣ ਜਾਈਦਾ ਹੈ।
10314	236	ਜਾਸੁ ਜਪਤ ਮਨੁ ਸੀਤਲੁ ਹੋਵੈ॥		Jaas Japath Man Seethal Hovai ||	Meditating on Him, the mind is cooled and soothed.	ਜਿਸ ਦਾ ਨਾਮ ਜਪਿਆਂ ਮਨ (ਵਿਕਾਰਾਂ ਦੀ ਤਪਸ਼ ਵਲੋਂ) ਠੰਢਾ-ਠਾਰ ਹੋ ਜਾਂਦਾ ਹੈ,
10315	236	ਜਾਸੁ ਜਪਤ ਮਲੁ ਸਗਲੀ ਖੋਵੈ॥੪॥		Jaas Japath Mal Sagalee Khovai ||4||	Meditating on Him, all filth is washed away. ||4||	ਤੇ ਜਿਸ ਦਾ ਨਾਮ ਜਪਿਆਂ ਆਪਣੇ ਅੰਦਰ ਦੀ (ਵਿਕਾਰਾਂ ਦੀ) ਸਾਰੀ ਮੈਲ ਦੂਰ ਕਰ ਲੈਂਦਾ ਹੈ ॥੪॥

10316	236	ਜਾਸੁ ਜਪਤ ਰਤਨੁ ਹਰਿ ਮਿਲੈ॥		Jaas Japath Rathan Har Milai ||	Meditating on Him, the jewel of the Lord is obtained.	ਜਿਸ ਦਾ ਜਾਪ ਕੀਤਿਆਂ ਮਨੁੱਖ ਨੂੰ ਹਰਿ-ਨਾਮ-ਰਤਨ ਪ੍ਰਾਪਤ ਹੋ ਜਾਂਦਾ ਹੈ,
10317	236	ਬਹੁਰਿ ਨ ਛੋਡੈ ਹਰਿ ਸੰਗਿ ਹਿਲੈ॥	ਹਿਲੈ:ਪੋਲਾ ਬੋਲੋ। (ਹਿਲੈ) ਗਿੱਝ ਜਾਂਦਾ	Bahur N Shhoddai Har Sang Hilai ||	One is reconciled with the Lord, and shall not abandon Him again.	(ਸਿਮਰਨ ਦੀ ਬਰਕਤਿ ਨਾਲ) ਮਨੁੱਖ ਪਰਮਾਤਮਾ ਨਾਲ ਇਤਨਾ ਰਚ-ਮਿਚ ਜਾਂਦਾ ਹੈ ਕਿ (ਪ੍ਰਾਪਤ ਕੀਤੇ ਹੋਏ ਉਸ ਨਾਮ-ਰਤਨ ਨੂੰ) ਮੁੜ ਨਹੀਂ ਛੱਡਦਾ।
10318	236	ਜਾਸੁ ਜਪਤ ਕਈ ਬੈਕੁੰਠ ਵਾਸੁ॥		Jaas Japath Kee Baikunth Vaas ||	Meditating on Him, many acquire a home in the heavens.	ਜਿਸ ਦਾ ਨਾਮ ਜਪਿਆਂ ਆਤਮਕ ਆਨੰਦ ਮਿਲਦਾ ਹੈ ਆਤਮਕ ਅਡੋਲਤਾ ਵਿਚ ਟਿਕਾਣਾ ਮਿਲ ਜਾਂਦਾ ਹੈ,
10319	236	ਜਾਸੁ ਜਪਤ ਸੁਖ ਸਹਜਿ ਨਿਵਾਸੁ॥੫॥		Jaas Japath Sukh Sehaj Nivaas ||5||	Meditating on Him, one abides in intuitive peace. ||5||	ਤੇ ਜਿਸ ਦਾ ਨਾਮ ਜਪਿਆਂ ਮਾਨੋ, ਅਨੇਕਾਂ ਬੈਕੁੰਠਾਂ ਦਾ ਨਿਵਾਸ ਹਾਸਲ ਹੋ ਜਾਂਦਾ ਹੈ ॥੫॥
10320	236	ਜਾਸੁ ਜਪਤ ਇਹ ਅਗਨਿ ਨ ਪੋਹਤ॥		Jaas Japath Eih Agan N Pohath ||	Meditating on Him, one is not affected by this fire.	(ਹੇ ਭਾਈ! ਤੂੰ ਉਸ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਰਹੁ) ਜਿਸ ਦਾ ਨਾਮ ਜਪਿਆਂ ਤ੍ਰਿਸ਼ਨਾਂ ਦੀ ਅੱਗ ਪੋਹ ਨਹੀਂ ਸਕੇਗੀ,
10321	236	ਜਾਸੁ ਜਪਤ ਇਹੁ ਕਾਲੁ ਨ ਜੋਹਤ॥		Jaas Japath Eihu Kaal N Johath ||	Meditating on Him, one is not under the gaze of Death.	ਜਿਸ ਦਾ ਨਾਮ ਜਪਿਆਂ ਮੌਤ ਦਾ ਸਹਮ ਨੇੜੇ ਨਹੀਂ ਢੁੱਕੇਗਾ (ਆਤਮਕ ਮੌਤ ਆਪਣਾ ਜ਼ੋਰ ਨਹੀਂ ਪਾਇਗੀ)।
10322	236	ਜਾਸੁ ਜਪਤ ਤੇਰਾ ਨਿਰਮਲ ਮਾਥਾ॥		Jaas Japath Thaeraa Niramal Maathhaa ||	Meditating on Him, your forehead shall be immaculate.	ਜਿਸ ਦਾ ਨਾਮ ਜਪਿਆਂ ਹਰ ਥਾਂ ਤੂੰ ਉੱਜਲ-ਮੁਖ ਰਹੇਂਗਾ,

10323	236	ਜਾਸੁ ਜਪਤ ਸਗਲਾ ਦੁਖੁ ਲਾਥਾ॥੬॥		Jaas Japath Sagalaa Dhukh Laathhaa ||6||	Meditating on Him, all pains are destroyed. ||6||	ਤੇ ਜਿਸ ਦਾ ਨਾਮ ਜਪਿਆਂ ਹਰੇਕ ਕਿਸਮ ਦਾ ਦੁੱਖ ਦੂਰ ਹੋ ਜਾਇਗਾ ॥੬॥
10324	236	ਜਾਸੁ ਜਪਤ ਮੁਸਕਲੁ ਕਛੂ ਨ ਬਨੈ॥		Jaas Japath Musakal Kashhoo N Banai ||	Meditating on Him, no difficulties are encountered.	(ਹੇ ਭਾਈ! ਤੂੰ ਉਸ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਰਹੁ) ਜਿਸ ਦਾ ਨਾਮ ਜਪਿਆਂ (ਮਨੁੱਖ ਦੇ ਜੀਵਨ-ਸਫ਼ਰ ਵਿਚ) ਕੋਈ ਔਖਿਆਈ ਨਹੀਂ ਬਣਦੀ,
10325	236	ਜਾਸੁ ਜਪਤ ਸੁਨਿ ਅਨਹਤ ਧੁਨੈ॥		Jaas Japath Sun Anehath Dhhunai ||	Meditating on Him, one hears the unstruck melody.	ਤੇ ਜਿਸ ਦਾ ਨਾਮ ਜਪਿਆਂ ਮਨੁੱਖ ਇਕ-ਰਸ ਆਤਮਕ ਆਨੰਦ ਦੇ ਗੀਤ ਦੀ ਧੁਨਿ ਸੁਣਦਾ ਰਹਿੰਦਾ ਹੈ (ਮਨੁੱਖ ਦੇ ਅੰਦਰ ਹਰ ਵੇਲੇ ਆਤਮਕ ਆਨੰਦ ਦੀ ਰੌ ਚਲੀ ਰਹਿੰਦੀ ਹੈ)।
10326	236	ਜਾਸੁ ਜਪਤ ਇਹ ਨਿਰਮਲ ਸੋਇ॥		Jaas Japath Eih Niramal Soe ||	Meditating on Him, one acquires this pure reputation.	ਜਿਸ ਦਾ ਨਾਮ ਜਪਿਆਂ ਮਨੁੱਖ ਦਾ ਹਿਰਦਾ-ਕਮਲ (ਵਿਕਾਰਾਂ ਵਲੋਂ ਉਲਟ ਕੇ, ਪਰਮਾਤਮਾ ਦੀ ਯਾਦ ਵਲ) ਸਿੱਧਾ ਪਰਤ ਪੈਂਦਾ ਹੈ,
10327	236	ਜਾਸੁ ਜਪਤ ਕਮਲੁ ਸੀਧਾ ਹੋਇ॥੭॥		Jaas Japath Kamal Seedhhaa Hoe ||7||	Meditating on Him, the heart-lotus is turned upright. ||7||	ਤੇ ਜਿਸ ਦਾ ਨਾਮ ਜਪਿਆਂ ਮਨੁੱਖ (ਲੋਕ ਪਰਲੋਕ ਵਿਚ) ਪਵਿਤ੍ਰ ਸੋਭਾ ਖੱਟਦਾ ਹੈ ॥੭॥

10328	236	ਗੁਰਿ ਸੁਭ ਦ੍ਰਿਸਟਿ ਸਭ ਊਪਰਿ ਕਰੀ॥		Gur Subh Dhrisatt Sabh Oopar Karee ||	The Guru has bestowed His Glance of Grace upon all,	(ਹੇ ਭਾਈ!) ਉਸ ਮਨੁੱਖ ਉਤੇ ਗੁਰੂ ਨੇ (ਮਾਨੋ) ਸਭ ਤੋਂ ਵਧੀਆ ਕਿਸਮ ਦੀ ਮਿਹਰ ਦੀ ਨਜ਼ਰ ਕਰ ਦਿੱਤੀ,
10329	236	ਜਿਸ ਕੈ ਹਿਰਦੈ ਮੰਤ੍ਰੁ ਦੇ ਹਰੀ॥		Jis Kai Hiradhai Manthra Dhae Haree ||	Within whose hearts the Lord has implanted His Mantra.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਜਪਣ ਦਾ ਉਪਦੇਸ਼ ਵਸਾਂਦਾ ਹੈ।
10330	236	ਅਖੰਡ ਕੀਰਤਨੁ ਤਿਨਿ ਭੋਜਨੁ ਚੂਰਾ॥	(ਅਖੰਡ) ਇੱਕਰਸ। (ਚੂਰਾ) ਛਕਿਆ	Akhandd Keerathan Thin Bhojan Chooraa ||	The unbroken Kirtan of the Lord's Praises is their food and nourishment.	ਉਸ ਨੇ ਪਰਮਾਤਮਾ ਦੀ ਇਕ-ਰਸ ਸਿਫ਼ਤ-ਸਾਲਾਹ ਨੂੰ ਆਪਣੇ ਆਤਮਾ ਵਾਸਤੇ ਸੁਆਦਲਾ ਭੋਜਨ ਬਣਾ ਲਿਆ,
10331	236	ਕਹੁ ਨਾਨਕ ਜਿਸੁ ਸਤਿਗੁਰੁ ਪੂਰਾ॥੮॥੨॥		Kahu Naanak Jis Sathigur Pooraa ||8||2||	Says Nanak, they have the Perfect True Guru. ||8||2||	ਨਾਨਕ ਆਖਦਾ ਹੈ, ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪਿਆ ॥੮॥੨॥
10332	236	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
10333	236	ਗੁਰ ਕਾ ਸਬਦੁ ਰਿਦ ਅੰਤਰਿ ਧਾਰੈ॥		Gur Kaa Sabadh Ridh Anthar Dhhaarai ||	Those who implant the Word of the Guru's Shabad within their hearts	(ਜਿਸ ਮਨੁੱਖ ਉਤੇ ਉਸ ਪਰਮਾਤਮਾ ਦੀ ਕਿਰਪਾ ਹੁੰਦੀ ਹੈ) ਉਹ ਮਨੁੱਖ ਆਪਣੇ ਹਿਰਦੇ ਵਿਚ ਗੁਰੂ ਦਾ ਸ਼ਬਦ ਵਸਾਂਦਾ ਹੈ,
10334	236	ਪੰਚ ਜਨਾ ਸਿਉ ਸੰਗੁ ਨਿਵਾਰੈ॥	(ਨਿਵਾਰੈ) ਦੂਰ ਕਰੇ	Panch Janaa Sio Sang Nivaarai ||	Cut their connections with the five passions.	ਕਾਮਾਦਿਕ ਪੰਜਾਂ ਨਾਲੋਂ ਆਪਣਾ ਸਾਥ ਹਟਾ ਲੈਂਦਾ ਹੈ।

10335	236	ਦਸ ਇੰਦ੍ਰੀ ਕਰਿ ਰਾਖੈ ਵਾਸਿ॥	(ਵਾਸਿ) ਵੱਸ	Dhas Eindhree Kar Raakhai Vaas ||	They keep the ten organs under their control;	ਦਸਾਂ ਹੀ ਇੰਦ੍ਰੀਆਂ ਨੂੰ ਆਪਣੇ ਕਾਬੂ ਵਿਚ ਕਰ ਲੈਂਦਾ ਹੈ,
10336	236	ਤਾ ਕੈ ਆਤਮੈ ਹੋਇ ਪਰਗਾਸੁ॥੧॥		Thaa Kai Aathamai Hoe Paragaas ||1||	Their souls are enlightened. ||1||	ਤੇ ਉਸ ਦੇ ਆਤਮਾ ਵਿਚ ਚਾਨਣ ਹੋ ਜਾਂਦਾ ਹੈ (ਉਸ ਨੂੰ ਆਤਮਕ ਜੀਵਨ ਦੀ ਸੂਝ ਪੈ ਜਾਂਦੀ ਹੈ) ॥੧॥
10337	236	ਐਸੀ ਦ੍ਰਿੜਤਾ ਤਾ ਕੈ ਹੋਇ॥		Aisee Dhrirrathaa Thaa Kai Hoe ||	They alone acquire such stability,	(ਹੇ ਭਾਈ!) ਉਸ ਮਨੁੱਖ ਦੇ ਹਿਰਦੇ ਵਿਚ ਅਜੇਹਾ ਆਤਮਕ ਬਲ ਪੈਦਾ ਹੁੰਦਾ ਹੈ,
10338	236	ਜਾ ਕਉ ਦਇਆ ਮਇਆ ਪ੍ਰਭ ਸੋਇ॥੧॥ਰਹਾਉ॥		Jaa Ko Dhaeiaa Maeiaa Prabh Soe ||1|| Rehaao ||	Whom God blesses with His Mercy and Grace. ||1||Pause||	ਜਿਸ ਮਨੁੱਖ ਉਤੇ ਉਸ ਪਰਮਾਤਮਾ ਦੀ ਦਇਆ ਹੁੰਦੀ ਹੈ, ਕਿਰਪਾ ਹੁੰਦੀ ਹੈ ॥੧॥ ਰਹਾਉ ॥
10339	236	ਸਾਜਨੁ ਦੁਸਟੁ ਜਾ ਕੈ ਏਕ ਸਮਾਨੈ॥	(ਦੁਸਟੁ) ਵੈਰੀ	Saajan Dhusatt Jaa Kai Eaek Samaanai ||	Friend and foe are one and the same to them.	(ਹੇ ਭਾਈ!) ਜਿਸ ਮਨੁੱਖ ਨੂੰ ਆਪਣੇ ਹਿਰਦੇ ਵਿਚ ਮਿੱਤਰ ਤੇ ਵੈਰੀ ਇਕੋ ਜਿਹਾ ਜਾਪਦਾ ਹੈ,
10340	236	ਜੇਤਾ ਬੋਲਣੁ ਤੇਤਾ ਗਿਆਨੈ॥		Jaethaa Bolan Thaethaa Giaanai ||	Whatever they speak is wisdom.	ਜਿਤਨਾ ਕੁਝ ਉਹ ਬੋਲਦਾ ਹੈ, ਆਤਮਕ ਜੀਵਨ ਦੀ ਸੂਝ ਬਾਰੇ ਬੋਲਦਾ ਹੈ।
10341	236	ਜੇਤਾ ਸੁਨਣਾ ਤੇਤਾ ਨਾਮੁ॥		Jaethaa Sunanaa Thaethaa Naam ||	Whatever they hear is the Naam, the Name of the Lord.	ਜਿਤਨਾ ਕੁਝ ਸੁਣਦਾ ਹੈ, ਪਰਮਾਤਮਾ ਦੀ ਸਿਫ਼ਤ-ਸਾਲਾਹ ਹੀ ਸੁਣਦਾ ਹੈ,
10342	236	ਜੇਤਾ ਪੇਖਨੁ ਤੇਤਾ ਧਿਆਨੁ॥੨॥	(ਪੇਖਨੁ) ਦੇਖਣਾ	Jaethaa Paekhan Thaethaa Dhhiaan ||2||	Whatever they see is meditation. ||2||	ਜਿਤਨਾ ਕੁਝ ਵੇਖਦਾ ਹੈ, ਪਰਮਾਤਮਾ ਵਿਚ ਸੁਰਤ ਜੋੜਨ ਦਾ ਕਾਰਣ ਹੀ ਬਣਦਾ ਹੈ ॥੨॥

10343	236	ਸਹਜੇ ਜਾਗਣੁ ਸਹਜੇ ਸੋਇ॥		Sehajae Jaagan Sehajae Soe ||	They awaken in peace and poise; they sleep in peace and poise.	ਉਹ ਮਨੁੱਖ ਚਾਹੇ ਜਾਗਦਾ ਹੈ, ਚਾਹੇ ਸੁੱਤਾ ਹੋਇਆ ਹੈ, ਉਹ ਸਦਾ ਆਤਮਕ ਅਡੋਲਤਾ ਵਿਚ ਹੀ ਟਿਕਿਆ ਰਹਿੰਦਾ ਹੈ;
10344	236	ਸਹਜੇ ਹੋਤਾ ਜਾਇ ਸੁ ਹੋਇ॥		Sehajae Hothaa Jaae S Hoe ||	That which is meant to be, automatically happens.	ਪਰਮਾਤਮਾ ਦੀ ਰਜ਼ਾ ਵਿਚ ਜੋ ਕੁਝ ਹੁੰਦਾ ਹੈ, ਉਸ ਨੂੰ ਠੀਕ ਮੰਨਦਾ ਹੈ, ਤੇ ਆਤਮਕ ਅਡੋਲਤਾ ਵਿਚ ਹੀ ਲੀਨ ਰਹਿੰਦਾ ਹੈ।
10345	236	ਸਹਜਿ ਬੈਰਾਗੁ ਸਹਜੇ ਹੀ ਹਸਨਾ॥	ਹੱਸਨਾ	Sehaj Bairaag Sehajae Hee Hasanaa ||	In peace and poise, they remain detached; in peace and poise, they laugh.	ਕੋਈ ਗ਼ਮੀ ਦੀ ਘਟਨਾ ਹੋ ਜਾਏ, ਚਾਹੇ ਖ਼ੁਸ਼ੀ ਦਾ ਕਾਰਣ ਬਣੇ, ਉਹ ਆਤਮਕ ਅਡੋਲਤਾ ਵਿਚ ਹੀ ਰਹਿੰਦਾ ਹੈ;
10346	236	ਸਹਜੇ ਚੂਪ ਸਹਜੇ ਹੀ ਜਪਨਾ॥੩॥		Sehajae Choop Sehajae Hee Japanaa ||3||	In peace and poise, they remain silent; in peace and poise, they chant. ||3||	ਜੇ ਉਹ ਚੁਪ ਬੈਠਾ ਹੈ ਤਾਂ ਭੀ ਅਡੋਲਤਾ ਵਿਚ ਹੈ ਤੇ ਜੇ ਬੋਲ ਰਿਹਾ ਹੈ ਤਾਂ ਭੀ ਅਡੋਲਤਾ ਵਿਚ ਹੈ ॥੩॥
10347	236	ਸਹਜੇ ਭੋਜਨੁ ਸਹਜੇ ਭਾਉ॥		Sehajae Bhojan Sehajae Bhaao ||	In peace and poise they eat; in peace and poise they love.	ਆਤਮਕ ਅਡੋਲਤਾ ਵਿਚ ਟਿਕਿਆ ਹੋਇਆ ਹੀ ਉਹ ਖਾਣ-ਪੀਣ ਦਾ ਵਿਹਾਰ ਕਰਦਾ ਹੈ, ਆਤਮਕ ਅਡੋਲਤਾ ਵਿਚ ਹੀ ਉਹ ਦੂਜਿਆਂ ਨਾਲ ਪ੍ਰੇਮ ਦਾ ਸਲੂਕ ਕਰਦਾ ਹੈ;
10348	236	ਸਹਜੇ ਮਿਟਿਓ ਸਗਲ ਦੁਰਾਉ॥	(ਦੁਰਾਉ) ਦੂਰੀ	Sehajae Mittiou Sagal Dhuraao ||	The illusion of duality is easily and totally removed.	ਆਤਮਕ ਅਡੋਲਤਾ ਵਿਚ ਟਿਕੇ ਰਹਿਣ ਕਰਕੇ ਉਸ ਦੇ ਅੰਦਰੋਂ ਸਾਰਾ ਕਪਟ-ਭਾਵ ਮਿਟ ਜਾਂਦਾ ਹੈ;

10349	236	ਸਹਜੇ ਹੋਆ ਸਾਧੂਸੰਗੁ॥		Sehajae Hoaa Saadhhoo Sang ||	They naturally join the Saadh Sangat, the Society of the Holy.	ਆਤਮਕ ਅਡੋਲਤਾ ਵਿਚ ਹੀ ਉਸ ਨੂੰ ਗੁਰੂ ਦਾ ਮਿਲਾਪ ਹੋ ਜਾਂਦਾ ਹੈ,
10350	236	ਸਹਜਿ ਮਿਲਿਓ ਪਾਰਬ੍ਰਹਮੁ ਨਿਸੰਗੁ॥੪॥	(ਨਿਸੰਗੁ) ਸੰਸੇ ਸ਼ੰਕੇਰਹਿਤ	Sehaj Miliou Paarabreham Nisang ||4||	In peace and poise, they meet and merge with the Supreme Lord God. ||4||	ਤੇ ਪਰਤੱਖ ਤੌਰ ਤੇ ਉਸ ਨੂੰ ਪਰਮਾਤਮਾ ਮਿਲ ਪੈਂਦਾ ਹੈ ॥੪॥
10351	236	ਸਹਜੇ ਗ੍ਰਿਹ ਮਹਿ ਸਹਜਿ ਉਦਾਸੀ॥		Sehajae Grih Mehi Sehaj Oudhaasee ||	They are at peace in their homes, and they are at peace while detached.	ਜੇ ਉਹ ਘਰ ਵਿਚ ਹੈ ਤਾਂ ਭੀ ਆਤਮਕ ਅਡੋਲਤਾ ਵਿਚ, ਜੇ ਉਹ ਦੁਨੀਆ ਤੋਂ ਉਪਰਾਮ ਫਿਰਦਾ ਹੈ,
10352	237	ਸਹਜੇ ਦੁਬਿਧਾ ਤਨ ਕੀ ਨਾਸੀ॥		Sehajae Dhubidhhaa Than Kee Naasee ||	In peace, their bodies' duality is eliminated.	ਤਾਂ ਭੀ ਆਤਮਕ ਅਡੋਲਤਾ ਵਿਚ ਟਿਕੇ ਰਹਿਣ ਕਰਕੇ ਉਸ ਦੇ ਹਿਰਦੇ ਵਿਚੋਂ ਮੇਰ-ਤੇਰ ਦੂਰ ਹੋ ਜਾਂਦੀ ਹੈ।
10353	237	ਜਾ ਕੈ ਸਹਜਿ ਮਨਿ ਭਇਆ ਅਨੰਦੁ॥		Jaa Kai Sehaj Man Bhaeiaa Anandh ||	Bliss comes naturally to their minds.	(ਹੇ ਭਾਈ!) ਆਤਮਕ ਅਡੋਲਤਾ ਦੇ ਕਾਰਨ ਜਿਸ ਮਨੁੱਖ ਦੇ ਮਨ ਵਿਚ ਆਨੰਦ ਪੈਦਾ ਹੁੰਦਾ ਹੈ,
10354	237	ਤਾ ਕਉ ਭੇਟਿਆ ਪਰਮਾਨੰਦੁ॥੫॥		Thaa Ko Bhaettiaa Paramaanandh ||5||	They meet the Lord, the Embodiment of Supreme Bliss. ||5||	ਉਸ ਨੂੰ ਉਹ ਪਰਮਾਤਮਾ ਮਿਲ ਪੈਂਦਾ ਹੈ ਜੋ ਸਭ ਤੋਂ ਉੱਚੇ ਆਤਮਕ ਆਨੰਦ ਦਾ ਮਾਲਕ ਹੈ ॥੫॥
10355	237	ਸਹਜੇ ਅੰਮ੍ਰਿਤੁ ਪੀਓ ਨਾਮੁ॥		Sehajae Anmrith Peeou Naam ||	In peaceful poise, they drink in the Ambrosial Nectar of the Naam, the Name of the Lord.	ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਨਾਮ-ਅੰਮ੍ਰਿਤ ਪੀਂਦਾ ਰਹਿੰਦਾ ਹੈ,

10356	237	ਸਹਜੇ ਕੀਨੋ ਜੀਅ ਕੋ ਦਾਨੁ॥		Sehajae Keeno Jeea Ko Dhaan ||	In peace and poise, they give to the poor.	ਇਸ ਆਤਮਕ ਅਡੋਲਤਾ ਦੀ ਬਰਕਤਿ ਨਾਲ ਉਹ (ਹੋਰਨਾਂ ਨੂੰ ਭੀ) ਆਤਮਕ ਜੀਵਨ ਦੀ ਦਾਤ ਦੇਂਦਾ ਹੈ;
10357	237	ਸਹਜ ਕਥਾ ਮਹਿ ਆਤਮੁ ਰਸਿਆ॥		Sehaj Kathhaa Mehi Aatham Rasiaa ||	Their souls naturally delight in the Lord's Sermon.	ਆਤਮਕ ਅਡੋਲਤਾ ਪੈਦਾ ਕਰਨ ਵਾਲੀਆਂ ਪ੍ਰਭੂ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਵਿਚ ਉਸ ਦੀ ਜਿੰਦ ਰਚੀ-ਮਿਚੀ ਰਹਿੰਦੀ ਹੈ,
10358	237	ਤਾ ਕੈ ਸੰਗਿ ਅਬਿਨਾਸੀ ਵਸਿਆ॥੬॥		Thaa Kai Sang Abinaasee Vasiaa ||6||	The Imperishable Lord abides with them. ||6||	ਉਸ ਦੇ ਹਿਰਦੇ ਵਿਚ ਅਬਿਨਾਸੀ ਪਰਮਾਤਮਾ ਆ ਵੱਸਦਾ ਹੈ ॥੬॥
10359	237	ਸਹਜੇ ਆਸਣੁ ਅਸਥਿਰੁ ਭਾਇਆ॥		Sehajae Aasan Asathhir Bhaaeiaa ||	In peace and poise, they assume the unchanging position.	ਆਤਮਕ ਅਡੋਲਤਾ ਵਿਚ ਉਸ ਦਾ ਸਦਾ-ਟਿਕਵਾਂ ਟਿਕਾਣਾ ਬਣਿਆ ਰਹਿੰਦਾ ਹੈ ਤੇ ਉਸ ਨੂੰ ਉਹ ਟਿਕਾਣਾ ਚੰਗਾ ਲੱਗਦਾ ਹੈ,
10360	237	ਸਹਜੇ ਅਨਹਤ ਸਬਦੁ ਵਜਾਇਆ॥		Sehajae Anehath Sabadh Vajaaeiaa ||	In peace and poise, the unstruck vibration of the Shabad resounds.	ਆਤਮਕ ਅਡੋਲਤਾ ਵਿਚ ਟਿਕ ਕੇ ਹੀ ਉਹ ਆਪਣੇ ਅੰਦਰ ਇਕ-ਰਸ ਸਿਫ਼ਤ-ਸਾਲਾਹ ਦੀ ਬਾਣੀ ਪ੍ਰਬਲ ਕਰੀ ਰੱਖਦਾ ਹੈ;

10361	237	ਸਹਜੇ ਰੁਣ ਝੁਣਕਾਰੁ ਸੁਹਾਇਆ॥	ਸੁੰਦਰ ਗੁਰ ਸਬਦ ਜੀ ਦੀ ਲਗਾਤਾਰ ਮਿੱਠੀ-ਮਿੱਠੀ (ਰੁਣ) ਸੁੰਦਰ(ਝੁਣਕਾਰੁ) ਛਣਕਾਰ (ਸੁਹਾਇਆ) ਚਮਗੀ ਲੱਗੀ। (ਦੂਜਾ ਪਾਠ: ਰੁਣਝੁਣਕਾਰੁ)	Sehajae Run Jhunakaar Suhaaeiaa ||	In peace and poise, the celestial bells resound.	ਆਤਮਕ ਅਡੋਲਤਾ ਦੇ ਕਾਰਨ ਹੀ ਉਸ ਦੇ ਅੰਦਰ ਆਤਮਕ ਆਨੰਦ ਦੀ ਇਕ-ਰਸ ਰੌ ਸੁਹਾਵਣੀ ਬਣੀ ਰਹਿੰਦੀ ਹੈ।
10362	237	ਤਾ ਕੈ ਘਰਿ ਪਾਰਬ੍ਰਹਮੁ ਸਮਾਇਆ॥੭॥		Thaa Kai Ghar Paarabreham Samaaeiaa ||7||	Within their homes, the Supreme Lord God is pervading. ||7||	(ਹੇ ਭਾਈ!) ਉਸ ਦੇ ਹਿਰਦੇ ਵਿਚ ਪਰਮਾਤਮਾ ਸਦਾ ਪਰਗਟ ਰਹਿੰਦਾ ਹੈ ॥੭॥
10363	237	ਸਹਜੇ ਜਾ ਕਉ ਪਰਿਓ ਕਰਮਾ॥	(ਕਰਮਾ) ਬਖਸ਼ਸ਼	Sehajae Jaa Ko Pariou Karamaa ||	With intuitive ease, they meet the Lord, according to their karma.	(ਹੇ ਭਾਈ!) ਜਿਸ ਮਨੁੱਖ ਉਤੇ ਪਰਮਾਤਮਾ ਦੀ ਕਿਰਪਾ ਹੁੰਦੀ ਹੈ ਉਹ ਆਤਮਕ ਅਡੋਲਤਾ ਵਿਚ ਟਿਕਦਾ ਹੈ,
10364	237	ਸਹਜੇ ਗੁਰੁ ਭੇਟਿਓ ਸਚੁ ਧਰਮਾ॥		Sehajae Gur Bhaettiou Sach Dharamaa ||	With intuitive ease, they meet with the Guru, in the true Dharma.	ਉਸ ਨੂੰ ਗੁਰੂ ਮਿਲਦਾ ਹੈ, ਸਦਾ-ਥਿਰ ਨਾਮ ਦੇ ਸਿਮਰਨ ਨੂੰ ਉਹ ਆਪਣਾ ਧਰਮ ਬਣਾ ਲੈਂਦਾ ਹੈ।
10365	237	ਜਾ ਕੈ ਸਹਜੁ ਭਇਆ ਸੋ ਜਾਣੈ॥		Jaa Kai Sehaj Bhaeiaa So Jaanai ||	Those who know, attain the poise of intuitive peace.	(ਪਰ ਇਹ ਸਹਜ ਅਵਸਥਾ ਬਿਆਨ ਨਹੀਂ ਕੀਤੀ ਜਾ ਸਕਦੀ) ਜਿਸ ਮਨੁੱਖ ਦੇ ਅੰਦਰ ਇਹ ਆਤਮਕ ਅਡੋਲਤਾ ਪੈਦਾ ਹੁੰਦੀ ਹੈ, ਉਹੀ ਮਨੁੱਖ ਉਸ ਨੂੰ ਸਮਝ ਸਕਦਾ ਹੈ,

10366	237	ਨਾਨਕ ਦਾਸ ਤਾ ਕੈ ਕੁਰਬਾਣੈ॥੮॥੩॥		Naanak Dhaas Thaa Kai Kurabaanai ||8||3||	Slave Nanak is a sacrifice to them. ||8||3||	ਦਾਸ ਨਾਨਕ ਉਸ (ਵਡ-ਭਾਗੀ ਮਨੁੱਖ) ਤੋਂ ਕੁਰਬਾਨ ਜਾਂਦਾ ਹੈ ॥੮॥੩॥
10367	237	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
10368	237	ਪ੍ਰਥਮੇ ਗਰਭ ਵਾਸ ਤੇ ਟਰਿਆ॥	(ਟਰਿਆ) ਟਲਿਆ	Prathhamae Garabh Vaas Thae Ttariaa ||	First, they come forth from the womb.	(ਹੇ ਭਾਈ!) ਜੀਵ ਪਹਿਲਾਂ ਮਾਂ ਦੇ ਪੇਟ ਵਿਚ ਵੱਸਣ ਤੋਂ ਖ਼ਲਾਸੀ ਹਾਸਲ ਕਰਦਾ ਹੈ,
10369	237	ਪੁਤ੍ਰ ਕਲਤ੍ਰ ਕੁਟੰਬ ਸੰਗਿ ਜੁਰਿਆ॥	ਕ-ਲੱਤ੍ਰ	Puthr Kalathr Kuttanb Sang Juriaa ||	They become attached to their children, spouses and families.	(ਜਗਤ ਵਿਚ ਜਨਮ ਲੈ ਕੇ ਫਿਰ ਸਹਜੇ ਸਹਜੇ ਜਵਾਨੀ ਤੇ ਪਹੁੰਚ ਕੇ) ਪੁੱਤ੍ਰ ਇਸਤ੍ਰੀ ਆਦਿਕ ਪਰਵਾਰ ਦੇ ਮੋਹ ਵਿਚ ਫਸਿਆ ਰਹਿੰਦਾ ਹੈ,
10370	237	ਭੋਜਨੁ ਅਨਿਕ ਪ੍ਰਕਾਰ ਬਹੁ ਕਪਰੇ॥	(ਕੱਪਰੇ) ਕੱਪੜੇ	Bhojan Anik Prakaar Bahu Kaparae ||	The foods of various sorts and appearances will surely pass away,	ਕਈ ਕਿਸਮ ਦਾ ਖਾਣਾ ਖਾਂਦਾ ਹੈ, ਕਈ ਕਿਸਮਾਂ ਦੇ ਕੱਪੜੇ ਪਹਿਨਦਾ ਹੈ (ਸਾਰੀ ਉਮਰ ਇਹਨਾਂ ਰੰਗਾਂ ਵਿਚ ਹੀ ਮਸਤ ਰਹਿ ਕੇ ਕੁਰਾਹੇ ਪਿਆ ਰਹਿੰਦਾ ਹੈ,
10371	237	ਸਰਪਰ ਗਵਨੁ ਕਰਹਿਗੇ ਬਪੁਰੇ॥੧॥	(ਸਰ-ਪਰ) ਜ਼ਰੂਰ। (ਗਵਨੁ) ਚਲਾਣਾ। (ਬੱਪੁਰੇ) ਵਿਚਾਰੇ। ਕਰਹਿ-ਗੇ	Sarapar Gavan Karehigae Bapurae ||1||	O wretched mortal! ||1||	ਪਰ ਅਜੇਹੇ ਬੰਦੇ ਭੀ) ਜ਼ਰੂਰ ਯਤੀਮਾਂ ਵਾਂਗ ਹੀ (ਜਗਤ ਤੋਂ) ਕੂਚ ਕਰ ਜਾਣਗੇ ॥੧॥
10372	237	ਕਵਨੁ ਅਸਥਾਨੁ ਜੋ ਕਬਹੁ ਨ ਟਰੈ॥		Kavan Asathhaan Jo Kabahu N Ttarai ||	What is that place which never perishes?	(ਹੇ ਭਾਈ!) ਉਹ ਕੇਹੜਾ ਥਾਂ ਹੈ ਜੇਹੜਾ ਸਦਾ ਅਟੱਲ ਰਹਿੰਦਾ ਹੈ?

10373	237	ਕਵਨੁ ਸਬਦੁ ਜਿਤੁ ਦੁਰਮਤਿ ਹਰੈ॥੧॥ਰਹਾਉ॥	(ਹਰੈ) ਨਾਸ ਹੋਵੇ	Kavan Sabadh Jith Dhuramath Harai ||1|| Rehaao ||	What is that Word by which the dirt of the mind is removed? ||1||Pause||	ਉਹ ਕੇਹੜਾ ਸ਼ਬਦ ਹੈ ਜਿਸ ਦੀ ਬਰਕਤਿ ਨਾਲ (ਮਨੁੱਖ ਦੀ) ਖੋਟੀ ਮਤਿ ਦੂਰ ਹੋ ਜਾਂਦੀ ਹੈ? ॥੧॥ ਰਹਾਉ ॥
10374	237	ਇੰਦ੍ਰਪੁਰੀ ਮਹਿ ਸਰਪਰ ਮਰਣਾ॥		Eindhr Puree Mehi Sarapar Maranaa ||	In the Realm of Indra, death is sure and certain.	(ਹੇ ਭਾਈ! ਹੋਰਨਾਂ ਦੀ ਤਾਂ ਗੱਲ ਹੀ ਕੀਹ ਹੈ?) ਇੰਦ੍ਰ-ਪੁਰੀ ਵਿਚ ਭੀ ਮੌਤ ਜ਼ਰੂਰ ਆ ਜਾਂਦੀ ਹੈ।
10375	237	ਬ੍ਰਹਮਪੁਰੀ ਨਿਹਚਲੁ ਨਹੀ ਰਹਣਾ॥	(ਨਿਹਚਲੁ) ਅਚੱਲ	Breham Puree Nihachal Nehee Rehanaa ||	The Realm of Brahma shall not remain permanent.	ਬ੍ਰਹਮਾ ਦੀ ਪੁਰੀ ਭੀ ਸਦਾ ਅਟੱਲ ਨਹੀਂ ਰਹਿ ਸਕਦੀ।
10376	237	ਸਿਵਪੁਰੀ ਕਾ ਹੋਇਗਾ ਕਾਲਾ॥		Siv Puree Kaa Hoeigaa Kaalaa ||	The Realm of Shiva shall also perish.	ਸ਼ਿਵ ਦੀ ਪੁਰੀ ਦਾ ਭੀ ਨਾਸ ਹੋ ਜਾਇਗਾ।
10377	237	ਤ੍ਰੈ ਗੁਣ ਮਾਇਆ ਬਿਨਸਿ ਬਿਤਾਲਾ॥੨॥	(ਬਿਨਸਿ) ਨਾਸ ਹੁੰਦੇ। (ਬਿਤਾਲਾ) ਭੂਤਨੇ	Thrai Gun Maaeiaa Binas Bithaalaa ||2||	The three dispositions, Maya and the demons shall vanish. ||2||	(ਪਰ ਜਗਤ) ਤਿੰਨਾਂ ਗੁਣਾਂ ਵਾਲੀ ਮਾਇਆ ਦੇ ਅਸਰ ਹੇਠ ਜੀਵਨ ਦੇ ਸਹੀ ਰਾਹ ਤੋਂ ਖੁੰਝ ਕੇ ਆਤਮਕ ਮੌਤ ਸਹੇੜਦਾ ਰਹਿੰਦਾ ਹੈ ॥੨॥
10378	237	ਗਿਰਿ ਤਰ ਧਰਣਿ ਗਗਨ ਅਰੁ ਤਾਰੇ॥	(ਗਿਰਿ) ਪਹਾੜ। (ਤਰ) ਦਰਖਤ	Gir Thar Dhharan Gagan Ar Thaarae ||	The mountains, the trees, the earth, the sky and the stars;	(ਹੇ ਭਾਈ!) ਪਹਾੜ, ਰੁੱਖ, ਧਰਤੀ, ਆਕਾਸ਼ ਅਤੇ ਤਾਰੇ;
10379	237	ਰਵਿ ਸਸਿ ਪਵਣੁ ਪਾਵਕੁ ਨੀਰਾਰੇ॥	(ਰਵਿ) ਸੂਰਜ। (ਸਸਿ) ਚੰਦ੍ਰਮਾ। (ਨੀਰਾਰੇ) ਪਾਣੀ	Rav Sas Pavan Paavak Neeraarae ||	The sun, the moon, the wind, water and fire;	ਸੂਰਜ, ਚੰਦ, ਹਵਾ, ਅੱਗ, ਪਾਣੀ, ਦਿਨ ਤੇ ਰਾਤ;

10380	237	ਦਿਨਸੁ ਰੈਣਿ ਬਰਤ ਅਰੁ ਭੇਦਾ॥		Dhinas Rain Barath Ar Bhaedhaa ||	Day and night, fasting days and their determination;	ਵਰਤ ਆਦਿਕ ਵਖ ਵਖ ਕਿਸਮ ਦੀਆਂ ਮਰਯਾਦਾ;
10381	237	ਸਾਸਤ੍ਰ ਸਿੰਮ੍ਰਿਤਿ ਬਿਨਸਹਿਗੇ ਬੇਦਾ॥੩॥	ਸਿੰਮ੍ਰਿਤਿ: ਮੰਮਾ ਮੁਕਤਾ, ਅੱਧਾ ਰਾਰਾ, ਪੋਲਾ ਬੋਲ ਕੇ, ਇੱਕ ਸਿਹਾਰੀ ਅੱਧੇ ਰਾਰੇ, ਇੱਕ ਸਿਹਾਰੀ ਤੱਤੇ ਲਾਉ।	Saasath Sinmrith Binasehigae Baedhaa ||3||	The Shaastras, the Simritees and the Vedas shall pass away. ||3||	ਵੇਦ, ਸਿਮ੍ਰਿਤੀਆਂ, ਸ਼ਾਸਤ੍ਰ-ਇਹ ਸਭ ਕੁਝ ਆਖ਼ਰ ਨਾਸ ਹੋ ਜਾਣਗੇ ॥੩॥
10382	237	ਤੀਰਥ ਦੇਵ ਦੇਹੁਰਾ ਪੋਥੀ॥	(ਦੇਹੁਰਾ) ਮੰਦਰ	Theerathh Dhaev Dhaehuraa Pothhee ||	The sacred shrines of pilgrimage, gods, temples and holy books;	(ਹੇ ਭਾਈ!) ਤੀਰਥ, ਦੇਵਤੇ, ਮੰਦਰ, (ਧਰਮ-) ਪੁਸਤਕਾਂ;
10383	237	ਮਾਲਾ ਤਿਲਕੁ ਸੋਚ ਪਾਕ ਹੋਤੀ॥	(ਪਾਕ) ਪਵਿੱਤ੍ਰ। (ਹੋਤੀ) ਹਵਨ ਕਰਨ ਵਾਲੇ	Maalaa Thilak Soch Paak Hothee ||	Rosaries, ceremonial tilak marks on the forehead, meditative people, the pure, and the performers of burnt offerings;	ਮਾਲਾ, ਤਿਲਕ, ਸੁੱਚੀ ਰਸੋਈ, ਹਵਨ ਕਰਨ ਵਾਲੇ;
10384	237	ਧੋਤੀ ਡੰਡਉਤਿ ਪਰਸਾਦਨ ਭੋਗਾ॥	(ਪਰਸਾਦਨ) ਪ੍ਰਸੰਨ ਕਰਨ ਵਾਲੇ। (ਭੋਗਾ) ਪਦਾਰਥ ਵਿਸ਼ੇ ਭੋਗ	Dhhothee Ddanddouth Parasaadhan Bhogaa ||	Wearing loin cloths, bowing in reverence and the enjoyment of sacred foods	(ਨੇਤੀ-) ਧੋਤੀ ਤੇ ਡੰਡਉਤ-ਨਮਸਕਾਰਾਂ;
10385	237	ਗਵਨੁ ਕਰੈਗੋ ਸਗਲੋ ਲੋਗਾ॥੪॥	(ਗਵਨੁ) ਚਲੇ ਜਾਣਗੇ	Gavan Karaigo Sagalo Logaa ||4||	- all these, and all people, shall pass away. ||4||	(ਦੂਜੇ ਪਾਸੇ) ਮਹਲਾਂ ਦੇ ਭੋਗ-ਬਿਲਾਸ-ਸਾਰਾ ਜਗਤ ਹੀ (ਆਖ਼ਰ) ਕੂਚ ਕਰ ਜਾਇਗਾ ॥੪॥

10386	237	ਜਾਤਿ ਵਰਨ ਤੁਰਕ ਅਰੁ ਹਿੰਦੂ॥		Jaath Varan Thurak Ar Hindhoo ||	Social classes, races, Muslims and Hindus;	(ਵਖ ਵਖ) ਜਾਤਾਂ, (ਬ੍ਰਾਹਮਣ, ਖੱਤ੍ਰੀ ਆਦਿਕ) ਵਰਨ, ਮੁਸਲਮਾਨ ਅਤੇ ਹਿੰਦੂ;
10387	237	ਪਸੁ ਪੰਖੀ ਅਨਿਕ ਜੋਨਿ ਜਿੰਦੂ॥	(ਜਿੰਦੂ) ਜੀਵ	Pas Pankhee Anik Jon Jindhoo ||	Beasts, birds and the many varieties of beings and creatures;	ਪਸ਼ੂ, ਪੰਛੀ, ਅਨੇਕਾਂ ਜੂਨਾਂ ਦੇ ਜੀਵ;
10388	237	ਸਗਲ ਪਾਸਾਰੁ ਦੀਸੈ ਪਾਸਾਰਾ॥		Sagal Paasaar Dheesai Paasaaraa ||	The entire world and the visible universe	ਇਹ ਸਾਰਾ ਜਗਤ-ਖਿਲਾਰਾ ਜੋ ਦਿੱਸ ਰਿਹਾ ਹੈ-
10389	237	ਬਿਨਸਿ ਜਾਇਗੋ ਸਗਲ ਆਕਾਰਾ॥੫॥		Binas Jaaeigo Sagal Aakaaraa ||5||	- all forms of existence shall pass away. ||5||	ਇਹ ਸਾਰਾ ਦ੍ਰਿਸ਼ਟ-ਮਾਨ ਸੰਸਾਰ (ਆਖ਼ਰ) ਨਾਸ ਹੋ ਜਾਇਗਾ ॥੫॥
10390	237	ਸਹਜ ਸਿਫਤਿ ਭਗਤਿ ਤਤੁ ਗਿਆਨਾ॥		Sehaj Sifath Bhagath Thath Giaanaa ||	Through the Praises of the Lord, devotional worship, spiritual wisdom and the essence of reality,	(ਪਰ, ਹੇ ਭਾਈ!) ਉਹ (ਉੱਚੀ ਆਤਮਕ ਅਵਸਥਾ-) ਥਾਂ ਸਦਾ ਕਾਇਮ ਰਹਿਣ ਵਾਲੀ ਹੈ ਅਟੱਲ ਹੈ,
10391	237	ਸਦਾ ਅਨੰਦੁ ਨਿਹਚਲੁ ਸਚੁ ਥਾਨਾ॥		Sadhaa Anandh Nihachal Sach Thhaanaa ||	Eternal bliss and the imperishable true place are obtained.	ਤੇ ਉਥੇ ਸਦਾ ਹੀ ਆਨੰਦ ਭੀ ਹੈ, ਜਿਥੇ ਆਤਮਕ ਅਡੋਲਤਾ ਦੇਣ ਵਾਲੀ ਸਿਫ਼ਤ-ਸਾਲਾਹ ਹੋ ਰਹੀ ਹੈ ਜਿਥੇ ਭਗਤੀ ਹੋ ਰਹੀ ਹੈ।
10392	237	ਤਹਾ ਸੰਗਤਿ ਸਾਧ ਗੁਣ ਰਸੈ॥		Thehaa Sangath Saadhh Gun Rasai ||	There, in the Saadh Sangat, the Company of the Holy, the Lord's Glorious Praises are sung with love.	ਜਿਥੇ ਜਗਤ ਦੇ ਮੂਲ-ਪਰਮਾਤਮਾ ਨਾਲ ਡੂੰਘੀ ਸਾਂਝ ਪੈ ਰਹੀ ਹੈ, ਉਥੇ ਸਾਧ ਸੰਗਤਿ ਪਰਮਾਤਮਾ ਦੇ ਗੁਣਾਂ ਦਾ ਆਨੰਦ ਮਾਣਦੀ ਹੈ।

10393	237	ਅਨਭਉ ਨਗਰੁ ਤਹਾ ਸਦ ਵਸੈ॥੬॥	(ਅਨ-ਭਉ) ਭੈ ਰਹਿਤ ਨਗਰੁ ਬ੍ਰਹਮ ਸਰੂਪ	Anabho Nagar Thehaa Sadh Vasai ||6||	There, in the city of fearlessness, He dwells forever. ||6||	ਉਥੇ ਸਦਾ ਇਕ ਐਸਾ ਨਗਰ ਵੱਸਿਆ ਰਹਿੰਦਾ ਹੈ ਜਿਥੇ ਕਿਸੇ ਕਿਸਮ ਦਾ ਕੋਈ ਡਰ ਪੋਹ ਨਹੀਂ ਸਕਦਾ ॥੬॥
10394	237	ਤਹ ਭਉ ਭਰਮਾ ਸੋਗੁ ਨ ਚਿੰਤਾ॥		Theh Bho Bharamaa Sog N Chinthaa ||	There is no fear, doubt, suffering or anxiety there;	(ਹੇ ਭਾਈ!) ਉਸ (ਉੱਚੀ ਆਤਮਕ ਅਵਸਥਾ-) ਥਾਂ ਵਿਚ ਕੋਈ ਡਰ, ਕੋਈ ਭਰਮ, ਕੋਈ ਗ਼ਮ, ਕੋਈ ਚਿੰਤਾ ਪੋਹ ਨਹੀਂ ਸਕਦੀ,
10395	237	ਆਵਣੁ ਜਾਵਣੁ ਮਿਰਤੁ ਨ ਹੋਤਾ॥		Aavan Jaavan Mirath N Hothaa ||	There is no coming or going, and no death there.	ਉਥੇ ਜਨਮ ਮਰਨ ਦਾ ਗੇੜ ਨਹੀਂ ਰਹਿੰਦਾ, ਉਥੇ ਆਤਮਕ ਮੌਤ ਨਹੀਂ ਹੁੰਦੀ।
10396	237	ਤਹ ਸਦਾ ਅਨੰਦ ਅਨਹਤ ਆਖਾਰੇ॥		Theh Sadhaa Anandh Anehath Aakhaarae ||	There is eternal bliss, and the unstruck celestial music there.	ਉਥੇ ਸਦਾ ਇਕ-ਰਸ ਆਤਮਕ ਆਨੰਦ ਦੇ (ਮਾਨੋ) ਅਖਾੜੇ ਲੱਗੇ ਰਹਿੰਦੇ ਹਨ,
10397	237	ਭਗਤ ਵਸਹਿ ਕੀਰਤਨ ਆਧਾਰੇ॥੭॥		Bhagath Vasehi Keerathan Aadhhaarae ||7||	The devotees dwell there, with the Kirtan of the Lord's Praises as their support. ||7||	ਉਥੇ ਭਗਤ-ਜਨ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਆਸਰੇ ਵੱਸਦੇ ਹਨ ॥੭॥
10398	237	ਪਾਰਬ੍ਰਹਮ ਕਾ ਅੰਤੁ ਨ ਪਾਰੁ॥		Paarabreham Kaa Anth N Paar ||	There is no end or limitation to the Supreme Lord God.	(ਹੇ ਭਾਈ! ਜਿਸ ਪਰਮਾਤਮਾ ਦੀ ਇਹ ਰਚਨਾ ਰਚੀ ਹੋਈ ਹੈ) ਉਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਪਾਰਲਾ ਬੰਨਾ ਨਹੀਂ ਲੱਭ ਸਕਦਾ।

10399	237	ਕਉਣੁ ਕਰੈ ਤਾ ਕਾ ਬੀਚਾਰੁ॥		Koun Karai Thaa Kaa Beechaar ||	Who can embrace His contemplation?	(ਜਗਤ ਵਿਚ) ਕੋਈ ਐਸਾ ਮਨੁੱਖ ਨਹੀਂ ਹੈ, ਜੋ ਉਸ ਦੇ ਗੁਣਾਂ ਦਾ ਅੰਤ ਪਾਣ ਦਾ ਵਿਚਾਰ ਕਰ ਸਕੇ।
10400	237	ਕਹੁ ਨਾਨਕ ਜਿਸੁ ਕਿਰਪਾ ਕਰੈ॥		Kahu Naanak Jis Kirapaa Karai ||	Says Nanak, when the Lord showers His Mercy,	ਨਾਨਕ ਆਖਦਾ ਹੈ- ਜਿਸ ਮਨੁੱਖ ਉਤੇ ਪਰਮਾਤਮਾ ਕਿਰਪਾ ਕਰਦਾ ਹੈ ਉਸ ਨੂੰ ਸਦਾ ਕਾਇਮ ਰਹਿਣ ਵਾਲੀ ਥਾਂ ਸਾਧ ਸੰਗਤਿ ਪ੍ਰਾਪਤ ਹੋ ਜਾਂਦੀ ਹੈ,
10401	237	ਨਿਹਚਲ ਥਾਨੁ ਸਾਧਸੰਗਿ ਤਰੈ॥੮॥੪॥		Nihachal Thhaan Saadhhasang Tharai ||8||4||	The imperishable home is obtained; in the Saadh Sangat, you shall be saved. ||8||4||	ਸਾਧ ਸੰਗਤਿ ਵਿਚ ਰਹਿ ਕੇ ਉਹ ਮਨੁੱਖ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ ॥੮॥੪॥
10402	237	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
10403	237	ਜੋ ਇਸੁ ਮਾਰੇ ਸੋਈ ਸੂਰਾ॥		Jo Eis Maarae Soee Sooraa ||	One who kills this is a spiritual hero.	(ਹੇ ਭਾਈ!) ਜੇਹੜਾ ਮਨੁੱਖ ਇਸ (ਮੇਰ-ਤੇਰ ਨੂੰ) ਮੁਕਾ ਲੈਂਦਾ ਹੈ, ਉਹੀ (ਵਿਕਾਰਾਂ ਦੇ ਟਾਕਰੇ ਤੇ) ਬਲੀ ਸੂਰਮਾ ਹੈ,
10404	237	ਜੋ ਇਸੁ ਮਾਰੇ ਸੋਈ ਪੂਰਾ॥		Jo Eis Maarae Soee Pooraa ||	One who kills this is perfect.	ਜੇਹੜਾ ਮਨੁੱਖ ਇਸ (ਮੇਰ-ਤੇਰ ਨੂੰ) ਮੁਕਾ ਲੈਂਦਾ ਹੈ, ਉਹੀ ਸਾਰੇ ਗੁਣਾਂ ਦਾ ਮਾਲਕ ਹੈ।
10405	237	ਜੋ ਇਸੁ ਮਾਰੇ ਤਿਸਹਿ ਵਡਿਆਈ॥		Jo Eis Maarae Thisehi Vaddiaaee ||	One who kills this obtains glorious greatness.	ਜੇਹੜਾ ਮਨੁੱਖ ਇਸ ਦੁਬਿਧਾ ਨੂੰ ਮਾਰ ਲੈਂਦਾ ਹੈ, ਉਸ ਨੂੰ (ਹਰ ਥਾਂ) ਆਦਰ ਮਿਲਦਾ ਹੈ,

10406	237	ਜੋ ਇਸੁ ਮਾਰੇ ਤਿਸ ਕਾ ਦੁਖੁ ਜਾਈ॥੧॥		Jo Eis Maarae This Kaa Dhukh Jaaee ||1||	One who kills this is freed of suffering. ||1||	ਜੇਹੜਾ ਮਨੁੱਖ ਇਸ (ਮੇਰ-ਤੇਰ ਨੂੰ) ਮੁਕਾ ਲੈਂਦਾ ਹੈ, ਉਸ ਮਨੁੱਖ ਦਾ (ਹਰੇਕ ਕਿਸਮ ਦਾ) ਦੁੱਖ ਦੂਰ ਹੋ ਜਾਂਦਾ ਹੈ ॥੧॥
10407	237	ਐਸਾ ਕੋਇ ਜਿ ਦੁਬਿਧਾ ਮਾਰਿ ਗਵਾਵੈ॥	ਦੁਬਿ-ਧਾ	Aisaa Koe J Dhubidhhaa Maar Gavaavai ||	How rare is such a person, who kills and casts off duality.	(ਹੇ ਭਾਈ! ਜਗਤ ਵਿਚ) ਅਜੇਹਾ ਕੋਈ ਵਿਰਲਾ ਮਨੁੱਖ ਹੈ, ਜੇਹੜਾ ਆਪਣੇ ਅੰਦਰੋਂ ਮੇਰ-ਤੇਰ ਨੂੰ ਮਾਰ ਮੁਕਾਂਦਾ ਹੈ।
10408	237	ਇਸਹਿ ਮਾਰਿ ਰਾਜ ਜੋਗੁ ਕਮਾਵੈ॥੧॥ਰਹਾਉ॥		Eisehi Maar Raaj Jog Kamaavai ||1|| Rehaao ||	Killing it, he attains Raja Yoga, the Yoga of meditation and success. ||1||Pause||	ਜੇਹੜਾ ਇਸ ਮੇਰ-ਤੇਰ ਨੂੰ ਮਾਰ ਲੈਂਦਾ ਹੈ, ਉਹ ਗ੍ਰਿਹਸਤ ਵਿਚ ਰਹਿੰਦਾ ਹੋਇਆ ਹੀ ਪਰਮਾਤਮਾ ਨਾਲ ਜੋੜ ਪੈਦਾ ਕਰਨ ਦਾ ਅੱਭਿਆਸੀ ਹੈ ॥੧॥ ਰਹਾਉ ॥
10409	238	ਜੋ ਇਸੁ ਮਾਰੇ ਤਿਸ ਕਉ ਭਉ ਨਾਹਿ॥		Jo Eis Maarae This Ko Bho Naahi ||	One who kills this has no fear.	(ਹੇ ਭਾਈ!) ਜੇਹੜਾ ਮਨੁੱਖ ਇਸ ਦੁਬਿਧਾ ਨੂੰ ਮਾਰ ਮੁਕਾਂਦਾ ਹੈ, ਉਸ ਨੂੰ (ਦੁਨੀਆ ਦਾ ਕੋਈ) ਡਰ ਪੋਹ ਨਹੀਂ ਸਕਦਾ।
10410	238	ਜੋ ਇਸੁ ਮਾਰੇ ਸੁ ਨਾਮਿ ਸਮਾਹਿ॥		Jo Eis Maarae S Naam Samaahi ||	One who kills this is absorbed in the Naam.	ਜੇਹੜਾ ਜੇਹੜਾ ਮਨੁੱਖ ਇਸ ਨੂੰ ਮੁਕਾ ਲੈਂਦਾ ਹੈ, ਉਹ ਸਾਰੇ ਪਰਮਾਤਮਾ ਦੇ ਨਾਮ ਵਿਚ ਲੀਨ ਹੋ ਜਾਂਦੇ ਹਨ।
10411	238	ਜੋ ਇਸੁ ਮਾਰੇ ਤਿਸ ਕੀ ਤ੍ਰਿਸਨਾ ਬੁਝੈ॥	ਬੁਝੈ: ਪੋਲਾ ਬੋਲੋ	Jo Eis Maarae This Kee Thrisanaa Bujhai ||	One who kills this has his desires quenched.	ਜੇਹੜਾ ਮਨੁੱਖ ਇਸ ਮੇਰ-ਤੇਰ ਨੂੰ ਆਪਣੇ ਅੰਦਰੋਂ ਦੂਰ ਕਰ ਲੈਂਦਾ ਹੈ, ਉਸ ਦੀ ਮਾਇਆ ਦੀ ਤ੍ਰਿਸ਼ਨਾ ਮੁੱਕ ਜਾਂਦੀ ਹੈ,

10412	238	ਜੋ ਇਸੁ ਮਾਰੇ ਸੁ ਦਰਗਹ ਸਿਝੈ॥੨॥	(ਸਿੱਝੈ) ਮੁਕਤ	Jo Eis Maarae S Dharageh Sijhai ||2||	One who kills this is approved in the Court of the Lord. ||2||	ਜੇਹੜਾ ਮਨੁੱਖ ਇਸ (ਮੇਰ-ਤੇਰ ਨੂੰ) ਮੁਕਾ ਲੈਂਦਾ ਹੈ, ਉਹ ਪਰਮਾਤਮਾ ਦੀ ਦਰਗਾਹ ਵਿਚ ਕਾਮਯਾਬ ਹੋ ਜਾਂਦਾ ਹੈ ॥੨॥
10413	238	ਜੋ ਇਸੁ ਮਾਰੇ ਸੋ ਧਨਵੰਤਾ॥		Jo Eis Maarae So Dhhanavanthaa ||	One who kills this is wealthy and prosperous.	(ਹੇ ਭਾਈ!) ਜੇਹੜਾ ਮਨੁੱਖ ਦੁਬਿਧਾ ਨੂੰ ਮਿਟਾ ਲੈਂਦਾ ਹੈ, ਉਹ ਨਾਮ-ਧਨ ਦਾ ਮਾਲਕ ਬਣ ਜਾਂਦਾ ਹੈ,
10414	238	ਜੋ ਇਸੁ ਮਾਰੇ ਸੋ ਪਤਿਵੰਤਾ॥		Jo Eis Maarae So Pathivanthaa ||	One who kills this is honorable.	ਜੇਹੜਾ ਮਨੁੱਖ ਇਸ (ਮੇਰ-ਤੇਰ ਨੂੰ) ਮੁਕਾ ਲੈਂਦਾ ਹੈ, ਉਹ ਇੱਜ਼ਤ ਵਾਲਾ ਹੋ ਜਾਂਦਾ ਹੈ,
10415	238	ਜੋ ਇਸੁ ਮਾਰੇ ਸੋਈ ਜਤੀ॥	ਜਤੀ: ਪੋਲਾ ਬੋਲੋ	Jo Eis Maarae Soee Jathee ||	One who kills this is truly a celibate.	ਜੇਹੜਾ ਮਨੁੱਖ ਇਸ (ਮੇਰ-ਤੇਰ ਨੂੰ) ਮੁਕਾ ਲੈਂਦਾ ਹੈ, ਉਹੀ ਹੈ ਅਸਲ ਜਤੀ;
10416	238	ਜੋ ਇਸੁ ਮਾਰੇ ਤਿਸੁ ਹੋਵੈ ਗਤੀ॥੩॥	(ਗਤੀ) ਕਲਿਆਣ	Jo Eis Maarae This Hovai Gathee ||3||	One who kills this attains salvation. ||3||	ਜੇਹੜਾ ਮਨੁੱਖ ਇਸ (ਮੇਰ-ਤੇਰ ਨੂੰ) ਮੁਕਾ ਲੈਂਦਾ ਹੈ, ਉਸ ਨੂੰ ਉੱਚੀ ਆਤਮਕ ਅਵਸਥਾ ਪ੍ਰਾਪਤ ਹੋ ਜਾਂਦੀ ਹੈ ॥੩॥
10417	238	ਜੋ ਇਸੁ ਮਾਰੇ ਤਿਸ ਕਾ ਆਇਆ ਗਨੀ॥		Jo Eis Maarae This Kaa Aaeiaa Ganee ||	One who kills this - his coming is auspicious.	(ਹੇ ਭਾਈ!) ਜੇਹੜਾ ਮਨੁੱਖ ਦੁਬਿਧਾ ਨੂੰ ਮਿਟਾ ਲੈਂਦਾ ਹੈ, ਉਸ ਦਾ ਜਗਤ ਵਿਚ ਆਉਣਾ ਸਫਲ ਸਮਝਿਆ ਜਾਂਦਾ ਹੈ,
10418	238	ਜੋ ਇਸੁ ਮਾਰੇ ਸੁ ਨਿਹਚਲੁ ਧਨੀ॥		Jo Eis Maarae S Nihachal Dhhanee ||	One who kills this is steady and wealthy.	ਜੇਹੜਾ ਮਨੁੱਖ ਇਸ (ਮੇਰ-ਤੇਰ ਨੂੰ) ਮੁਕਾ ਲੈਂਦਾ ਹੈ, ਉਹ ਮਾਇਆ ਦੇ ਹੱਲਿਆਂ ਦੇ ਟਾਕਰੇ ਤੋਂ ਅਡੋਲ ਰਹਿੰਦਾ ਹੈ, ਉਹੀ ਅਸਲ ਧਨਾਢ ਹੈ।

10419	238	ਜੋ ਇਸੁ ਮਾਰੇ ਸੋ ਵਡਭਾਗਾ॥	ਵੱਡਭਾਗਾ	Jo Eis Maarae So Vaddabhaagaa ||	One who kills this is very fortunate.	ਜੇਹੜਾ ਮਨੁੱਖ ਆਪਣੇ ਅੰਦਰੋਂ ਮੇਰ-ਤੇਰ ਦੂਰ ਕਰ ਲੈਂਦਾ ਹੈ, ਉਹ ਵੱਡੇ ਭਾਗਾਂ ਵਾਲਾ ਹੈ,
10420	238	ਜੋ ਇਸੁ ਮਾਰੇ ਸੁ ਅਨ ਦਿਨੁ ਜਾਗਾ॥੪॥		Jo Eis Maarae S Anadhin Jaagaa ||4||	One who kills this remains awake and aware, night and day. ||4||	ਜੇਹੜਾ ਮਨੁੱਖ ਇਸ (ਮੇਰ-ਤੇਰ ਨੂੰ) ਮੁਕਾ ਲੈਂਦਾ ਹੈ, ਉਹ ਹਰ ਵੇਲੇ ਮਾਇਆ ਦੇ ਹੱਲਿਆਂ ਵੱਲੋਂ ਸੁਚੇਤ ਰਹਿੰਦਾ ਹੈ ॥੪॥
10421	238	ਜੋ ਇਸੁ ਮਾਰੇ ਸੁ ਜੀਵਨ ਮੁਕਤਾ॥		Jo Eis Maarae S Jeevan Mukathaa ||	One who kills this is Jivan Mukta, liberated while yet alive.	ਜੇਹੜਾ ਮਨੁੱਖ ਇਸ ਦੁਬਿਧਾ ਨੂੰ ਮੁਕਾ ਲੈਂਦਾ ਹੈ, ਉਹ ਦੁਨੀਆ ਦੇ ਕਾਰ-ਵਿਹਾਰ ਕਰਦਾ ਹੀ ਵਿਕਾਰਾਂ ਤੋਂ ਆਜ਼ਾਦ ਰਹਿੰਦਾ ਹੈ,
10422	238	ਜੋ ਇਸੁ ਮਾਰੇ ਤਿਸ ਕੀ ਨਿਰਮਲ ਜੁਗਤਾ॥	(ਜੁਗਤਾ) ਰਹਿਣੀ	Jo Eis Maarae This Kee Niramal Jugathaa ||	One who kills this lives a pure lifestyle.	ਜੇਹੜਾ ਮਨੁੱਖ ਇਸ (ਮੇਰ-ਤੇਰ ਨੂੰ) ਮੁਕਾ ਲੈਂਦਾ ਹੈ, ਉਸ ਦੀ ਰਹਿਣੀ-ਬਹਿਣੀ ਸਦਾ ਪਵਿਤ੍ਰ ਹੁੰਦੀ ਹੈ।
10423	238	ਜੋ ਇਸੁ ਮਾਰੇ ਸੋਈ ਸੁਗਿਆਨੀ॥		Jo Eis Maarae Soee Sugiaanee ||	One who kills this is spiritually wise.	ਜੇਹੜਾ ਮਨੁੱਖ ਇਸ (ਮੇਰ-ਤੇਰ ਨੂੰ) ਮੁਕਾ ਲੈਂਦਾ ਹੈ, ਉਹੀ ਮਨੁੱਖ ਪਰਮਾਤਮਾ ਨਾਲ ਡੂੰਘੀ ਸਾਂਝ ਵਾਲਾ ਹੈ,
10424	238	ਜੋ ਇਸੁ ਮਾਰੇ ਸੁ ਸਹਜ ਧਿਆਨੀ॥੫॥		Jo Eis Maarae S Sehaj Dhhiaanee ||5||	One who kills this meditates intuitively. ||5||	ਜੇਹੜਾ ਮਨੁੱਖ ਇਸ (ਮੇਰ-ਤੇਰ ਨੂੰ) ਮੁਕਾ ਲੈਂਦਾ ਹੈ, ਉਹ ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ॥੫॥

10425	238	ਇਸੁ ਮਾਰੀ ਬਿਨੁ ਥਾਇ ਨ ਪਰੈ॥		Eis Maaree Bin Thhaae N Parai ||	Without killing this, one is not acceptable,	(ਹੇ ਭਾਈ!) ਇਸ ਮੇਰ-ਤੇਰ ਨੂੰ ਦੂਰ ਕਰਨ ਤੋਂ ਬਿਨਾ ਕੋਈ ਮਨੁੱਖ ਪਰਮਾਤਮਾ ਦੀਆਂ ਨਜ਼ਰਾਂ ਵਿਚ ਕਬੂਲ ਨਹੀਂ ਹੁੰਦਾ,
10426	238	ਕੋਟਿ ਕਰਮ ਜਾਪ ਤਪ ਕਰੈ॥		Kott Karam Jaap Thap Karai ||	Even though one may perform millions of rituals, chants and austerities.	ਭਾਵੇਂ ਉਹ ਕ੍ਰੋੜਾਂ ਜਪ ਤੇ ਕ੍ਰੋੜਾਂ ਤਪ ਆਦਿਕ ਕਰਮ ਕਰਦਾ ਰਹੇ।
10427	238	ਇਸੁ ਮਾਰੀ ਬਿਨੁ ਜਨਮੁ ਨ ਮਿਟੈ॥		Eis Maaree Bin Janam N Mittai ||	Without killing this, one does not escape the cycle of reincarnation.	ਦੁਬਿਧਾ ਨੂੰ ਮਿਟਾਣ ਤੋਂ ਬਿਨਾ ਮਨੁੱਖ ਦਾ ਜਨਮਾਂ ਦਾ ਗੇੜ ਮੁੱਕਦਾ ਨਹੀਂ,
10428	238	ਇਸੁ ਮਾਰੀ ਬਿਨੁ ਜਮ ਤੇ ਨਹੀ ਛੁਟੈ॥੬॥	ਛੁੱਟੈ	Eis Maaree Bin Jam Thae Nehee Shhuttai ||6||	Without killing this, one does not escape death. ||6||	ਮੇਰੇ ਤੇਰ ਨੂੰ ਮਿਟਾਣ ਤੋਂ ਬਿਨਾ ਜਮਾਂ ਤੋਂ ਖ਼ਲਾਸੀ ਨਹੀਂ ਹੁੰਦੀ ॥੬॥
10429	238	ਇਸੁ ਮਾਰੀ ਬਿਨੁ ਗਿਆਨੁ ਨ ਹੋਈ॥		Eis Maaree Bin Giaan N Hoee ||	Without killing this, one does not obtain spiritual wisdom.	(ਹੇ ਭਾਈ!) ਦੁਬਿਧਾ ਦੂਰ ਕਰਨ ਤੋਂ ਬਿਨਾ ਮਨੁੱਖ ਦੀ ਪਰਮਾਤਮਾ ਨਾਲ ਡੂੰਘੀ ਸਾਂਝ ਨਹੀਂ ਬਣ ਸਕਦੀ,
10430	238	ਇਸੁ ਮਾਰੀ ਬਿਨੁ ਜੂਠਿ ਨ ਧੋਈ॥		Eis Maaree Bin Jooth N Dhhoee ||	Without killing this, one's impurity is not washed off.	ਮੇਰੇ ਤੇਰ ਨੂੰ ਮਿਟਾਣ ਤੋਂ ਬਿਨਾ ਮਨ ਵਿਚੋਂ ਵਿਕਾਰਾਂ ਦੀ ਮੈਲ ਨਹੀਂ ਧੁਪਦੀ।
10431	238	ਇਸੁ ਮਾਰੀ ਬਿਨੁ ਸਭੁ ਕਿਛੁ ਮੈਲਾ॥		Eis Maaree Bin Sabh Kishh Mailaa ||	Without killing this, everything is filthy.	ਜਦ ਤਕ ਮਨੁੱਖ ਦੁਬਿਧਾ ਨੂੰ ਨਹੀਂ ਮੁਕਾਂਦਾ, (ਉਹ) ਜੋ ਕੁਝ ਭੀ ਕਰਦਾ ਹੈ ਮਨ ਨੂੰ ਹੋਰ ਵਿਕਾਰੀ ਬਣਾਈ ਜਾਂਦਾ ਹੈ,

10432	238	ਇਸੁ ਮਾਰੀ ਬਿਨੁ ਸਭੁ ਕਿਛੁ ਜਉਲਾ॥੭॥	(ਜਉੱਲਾ) ਵੱਖਰਾ	Eis Maaree Bin Sabh Kishh Joulaa ||7||	Without killing this, everything is a losing game. ||7||	ਤੇ ਮੇਰੇ ਤੇਰ ਨੂੰ ਮਿਟਾਣ ਤੋਂ ਬਿਨਾ ਪਰਮਾਤਮਾ ਨਾਲੋਂ ਵਿੱਥ ਬਣਾਈ ਰੱਖਦਾ ਹੈ ॥੭॥
10433	238	ਜਾ ਕਉ ਭਏ ਕ੍ਰਿਪਾਲ ਕ੍ਰਿਪਾਨਿਧਿ॥		Jaa Ko Bheae Kirapaal Kirapaa Nidhh ||	When the Lord, the Treasure of Mercy, bestows His Mercy,	ਜਿਸ ਮਨੁੱਖ ਉਤੇ ਦਇਆ ਦਾ ਖ਼ਜ਼ਾਨਾ ਪਰਮਾਤਮਾ ਦਇਆਵਾਨ ਹੁੰਦਾ ਹੈ,
10434	238	ਤਿਸੁ ਭਈ ਖਲਾਸੀ ਹੋਈ ਸਗਲ ਸਿਧਿ॥	(ਖਲਾਸੀ) ਮੁਕਤੀ। ਸਿੱਧਿ	This Bhee Khalaasee Hoee Sagal Sidhh ||	One obtains release, and attains total perfection.	ਉਸ ਨੂੰ ਦੁਬਿਧਾ ਤੋਂ ਖ਼ਲਾਸੀ ਮਿਲ ਜਾਂਦੀ ਹੈ। ਉਸ ਨੂੰ ਜੀਵਨ ਵਿਚ ਪੂਰੀ ਸਫਲਤਾ ਪ੍ਰਾਪਤ ਹੋ ਜਾਂਦੀ ਹੈ।
10435	238	ਗੁਰਿ ਦੁਬਿਧਾ ਜਾ ਕੀ ਹੈ ਮਾਰੀ॥		Gur Dhubidhhaa Jaa Kee Hai Maaree ||	One whose duality has been killed by the Guru,	ਗੁਰੂ ਨੇ ਜਿਸ ਮਨੁੱਖ ਦੇ ਅੰਦਰੋਂ ਮੇਰ-ਤੇਰ ਦੂਰ ਕਰ ਦਿੱਤੀ,
10436	238	ਕਹੁ ਨਾਨਕ ਸੋ ਬ੍ਰਹਮ ਬੀਚਾਰੀ॥੮॥੫॥		Kahu Naanak So Breham Beechaaree ||8||5||	Says Nanak, contemplates God. ||8||5||	ਨਾਨਕ ਆਖਦਾ ਹੈ- ਉਹ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਕਰਨ-ਜੋਗਾ ਹੋ ਗਿਆ ॥੮॥੫॥
10437	238	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
10438	238	ਹਰਿ ਸਿਉ ਜੁਰੈ ਤ ਸਭੁ ਕੋ ਮੀਤੁ॥		Har Sio Jurai Th Sabh Ko Meeth ||	When someone attaches himself to the Lord, then everyone is his friend.	(ਹੇ ਭਾਈ!) ਜਦੋਂ ਮਨੁੱਖ ਪਰਮਾਤਮਾ ਨਾਲ ਪਿਆਰ ਪੈਦਾ ਕਰਦਾ ਹੈ, ਤਾਂ ਉਸ ਨੂੰ ਹਰੇਕ ਮਨੁੱਖ ਆਪਣਾ ਮਿੱਤਰ ਦਿੱਸਦਾ ਹੈ,

10439	238	ਹਰਿ ਸਿਉ ਜੁਰੈ ਤ ਨਿਹਚਲੁ ਚੀਤੁ॥		Har Sio Jurai Th Nihachal Cheeth ||	When someone attaches himself to the Lord, then his consciousness is steady.	ਜਦੋਂ ਮਨੁੱਖ ਪਰਮਾਤਮਾ ਨਾਲ ਜੁੜਦਾ ਹੈ, ਤਦੋਂ ਉਸ ਦਾ ਚਿੱਤ (ਵਿਕਾਰਾਂ ਦੇ ਹੱਲਿਆਂ ਦੇ ਟਾਕਰੇ ਤੇ ਸਦਾ) ਅਡੋਲ ਰਹਿੰਦਾ ਹੈ।
10440	238	ਹਰਿ ਸਿਉ ਜੁਰੈ ਨ ਵਿਆਪੈ ਕਾੜ੍ਹਾ॥	(ਕਾੜ੍ਹਾ) ਚਿੰਤਾ, ਝੋਰਾ	Har Sio Jurai N Viaapai Kaarrhaa ||	When someone attaches himself to the Lord, he is not afflicted by worries.	ਜਦੋਂ ਮਨੁੱਖ ਪਰਮਾਤਮਾ ਨਾਲ ਜੁੜਦਾ ਹੈ, ਤਾਂ ਕੋਈ ਚਿੰਤਾ-ਫ਼ਿਕਰ ਉਸ ਉਤੇ ਆਪਣਾ ਜ਼ੋਰ ਨਹੀਂ ਪਾ ਸਕਦਾ,
10441	238	ਹਰਿ ਸਿਉ ਜੁਰੈ ਤ ਹੋਇ ਨਿਸਤਾਰਾ॥੧॥	(ਨਿਸਤਾਰਾ) ਪਾਰ ਉਤਾਰਾ	Har Sio Jurai Th Hoe Nisathaaraa ||1||	When someone attaches himself to the Lord, he is emancipated. ||1||	ਜਦੋਂ ਮਨੁੱਖ ਪਰਮਾਤਮਾ ਨਾਲ ਜੁੜਦਾ ਹੈ, (ਇਸ ਸੰਸਾਰ-ਸਮੁੰਦਰ ਵਿਚੋਂ) ਉਸ ਦਾ ਪਾਰ-ਉਤਾਰਾ ਹੋ ਜਾਂਦਾ ਹੈ ॥੧॥
10442	238	ਰੇ ਮਨ ਮੇਰੇ ਤੂੰ ਹਰਿ ਸਿਉ ਜੋਰੁ॥		Rae Man Maerae Thoon Har Sio Jor ||	O my mind, unite yourself with the Lord.	ਹੇ ਮੇਰੇ ਮਨ! ਤੂੰ ਆਪਣੀ ਪ੍ਰੀਤਿ ਪਰਮਾਤਮਾ ਨਾਲ ਬਣਾ।
10443	238	ਕਾਜਿ ਤੁਹਾਰੈ ਨਾਹੀ ਹੋਰੁ॥੧॥ਰਹਾਉ॥		Kaaj Thuhaarai Naahee Hor ||1|| Rehaao ||	Nothing else is of any use to you. ||1||Pause||	(ਪਰਮਾਤਮਾ ਨਾਲ ਪ੍ਰੀਤਿ ਬਣਾਣ ਤੋਂ ਬਿਨਾ) ਕੋਈ ਹੋਰ ਉੱਦਮ ਤੇਰੇ ਕਿਸੇ ਕੰਮ ਨਹੀਂ ਆਵੇਗਾ ॥੧॥ ਰਹਾਉ ॥
10444	238	ਵਡੇ ਵਡੇ ਜੋ ਦੁਨੀਆਦਾਰ॥	ਵੱਡੇ ਵੱਡੇ। (ਦੁਨੀਆ-ਦਾਰ)ਔਗੁਣਾਂ ਪਾਪਾਂ ਵਿਕਾਰਾਂ ਮਾਇਆ ਚ ਲੀਣ	Vaddae Vaddae Jo Dhuneeaadhaar ||	The great and powerful people of the world	(ਹੇ ਭਾਈ! ਜਗਤ ਵਿਚ) ਜੇਹੜੇ ਜੇਹੜੇ ਵੱਡੇ ਵੱਡੇ ਜਾਇਦਾਦਾਂ ਵਾਲੇ ਹਨ,
10445	238	ਕਾਹੂ ਕਾਜਿ ਨਾਹੀ ਗਾਵਾਰ॥	(ਗਾਵਾਰ) ਬੇਸਮਝ	Kaahoo Kaaj Naahee Gaavaar ||	Are of no use, you fool!	ਉਹਨਾਂ ਮੂਰਖਾਂ ਦੀ (ਕੋਈ ਜਾਇਦਾਦ ਆਤਮਕ ਜੀਵਨ ਦੇ ਰਸਤੇ ਵਿਚ) ਉਹਨਾਂ ਦੇ ਕੰਮ ਨਹੀਂ ਆਉਂਦੀ।

10446	238	ਹਰਿ ਕਾ ਦਾਸੁ ਨੀਚ ਕੁਲੁ ਸੁਣਹਿ॥	ਸੁਣ-ਹਿ	Har Kaa Dhaas Neech Kul Sunehi ||	The Lord's slave may be born of humble origins,	(ਦੂਜੇ ਪਾਸੇ) ਪਰਮਾਤਮਾ ਦਾ ਭਗਤ ਨੀਵੀਂ ਕੁਲ ਵਿਚ ਭੀ ਜੰਮਿਆ ਹੋਇਆ ਹੋਵੇ,
10447	238	ਤਿਸ ਕੈ ਸੰਗਿ ਖਿਨ ਮਹਿ ਉਧਰਹਿ॥੨॥	ਉਧਰ-ਹਿ	This Kai Sang Khin Mehi Oudhharehi ||2||	But in his company, you shall be saved in an instant. ||2||	ਤਾਂ ਭੀ ਲੋਕ ਉਸ ਦੀ ਸਿੱਖਿਆ ਸੁਣਦੇ ਹਨ, ਤੇ ਉਸ ਦੀ ਸੰਗਤਿ ਵਿਚ ਰਹਿ ਕੇ (ਸੰਸਾਰ-ਸਮੁੰਦਰ ਦੀਆਂ ਵਿਕਾਰਾਂ ਦੀਆਂ ਲਹਰਾਂ ਵਿਚੋਂ) ਇਕ ਪਲ ਵਿਚ ਬਚ ਨਿਕਲਦੇ ਹਨ ॥੨॥
10448	238	ਕੋਟਿ ਮਜਨ ਜਾ ਕੈ ਸੁਣਿ ਨਾਮ॥	ਮੱਜਨ	Kott Majan Jaa Kai Sun Naam ||	Hearing the Naam, the Name of the Lord, is equal to millions of cleansing baths.	(ਹੇ ਭਾਈ!) ਜਿਸ ਪਰਮਾਤਮਾ ਦਾ ਨਾਮ ਸੁਣਨ ਵਿਚ ਕ੍ਰੋੜਾਂ ਤੀਰਥ-ਇਸ਼ਨਾਨ ਆ ਜਾਂਦੇ ਹਨ,
10449	238	ਕੋਟਿ ਪੂਜਾ ਜਾ ਕੈ ਹੈ ਧਿਆਨ॥		Kott Poojaa Jaa Kai Hai Dhhiaan ||	Meditating on it is equal to millions of worship ceremonies.	ਜਿਸ ਪਰਮਾਤਮਾ ਦਾ ਧਿਆਨ ਧਰਨ ਵਿਚ ਕ੍ਰੋੜਾਂ ਦੇਵ-ਪੂਜਾ ਆ ਜਾਂਦੀਆਂ ਹਨ,
10450	238	ਕੋਟਿ ਪੁੰਨ ਸੁਣਿ ਹਰਿ ਕੀ ਬਾਣੀ॥		Kott Punn Sun Har Kee Baanee ||	Hearing the Word of the Lord's Bani is equal to giving millions in alms.	ਜਿਸ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਸੁਣਨ ਵਿਚ ਕ੍ਰੋੜਾਂ ਪੁੰਨ ਹੋ ਜਾਂਦੇ ਹਨ,
10451	238	ਕੋਟਿ ਫਲਾ ਗੁਰ ਤੇ ਬਿਧਿ ਜਾਣੀ॥੩॥		Kott Falaa Gur Thae Bidhh Jaanee ||3||	To know the way, through the Guru, is equal to millions of rewards. ||3||	ਗੁਰੂ ਪਾਸੋਂ ਉਸ ਪਰਮਾਤਮਾ ਨਾਲ ਮਿਲਾਪ ਦੀ ਵਿਧੀ ਸਿੱਖਿਆਂ ਇਹ ਸਾਰੇ ਕ੍ਰੋੜਾਂ ਫਲ ਪ੍ਰਾਪਤ ਹੋ ਜਾਂਦੇ ਹਨ ॥੩॥

10452	238	ਮਨ ਅਪੁਨੇ ਮਹਿ ਫਿਰਿ ਫਿਰਿ ਚੇਤ॥		Man Apunae Mehi Fir Fir Chaeth ||	Within your mind, over and over again, think of Him,	(ਹੇ ਭਾਈ!) ਆਪਣੇ ਮਨ ਵਿਚ ਤੂੰ ਸਦਾ ਪਰਮਾਤਮਾ ਨੂੰ ਯਾਦ ਰੱਖ,
10453	238	ਬਿਨਸਿ ਜਾਹਿ ਮਾਇਆ ਕੇ ਹੇਤ॥	(ਹੇਤ) ਪਿਆਰ	Binas Jaahi Maaeiaa Kae Haeth ||	And your love of Maya shall depart.	ਮਾਇਆ ਵਾਲੇ ਤੇਰੇ ਸਾਰੇ ਹੀ ਮੋਹ ਨਾਸ ਹੋ ਜਾਣਗੇ।
10454	238	ਹਰਿ ਅਬਿਨਾਸੀ ਤੁਮਰੈ ਸੰਗਿ॥	(ਅਬਿਨਾਸੀ) ਨਾਸ ਰਹਿਤ ਵਾਹਿਗੁਰੂ ਜੀ	Har Abinaasee Thumarai Sang ||	The Imperishable Lord is always with you.	ਹੇ ਮੇਰੇ ਮਨ! ਉਹ ਕਦੇ ਨਾਸ ਨਾਹ ਹੋਣ ਵਾਲਾ ਪਰਮਾਤਮਾ ਸਦਾ ਤੇਰੇ ਨਾਲ ਵੱਸਦਾ ਹੈ,
10455	238	ਮਨ ਮੇਰੇ ਰਚੁ ਰਾਮ ਕੈ ਰੰਗਿ॥੪॥		Man Maerae Rach Raam Kai Rang ||4||	O my mind, immerse yourself in the Love of the Lord. ||4||	ਤੂੰ ਉਸ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਸਦਾ ਜੁੜਿਆ ਰਹੁ ॥੪॥
10456	238	ਜਾ ਕੈ ਕਾਮਿ ਉਤਰੈ ਸਭ ਭੂਖ॥	ਉੱਤਰੈ	Jaa Kai Kaam Outharai Sabh Bhookh ||	Working for Him, all hunger departs.	(ਹੇ ਭਾਈ!) ਜਿਸ ਦੀ ਸੇਵਾ-ਭਗਤੀ ਵਿਚ ਲੱਗਿਆਂ (ਮਾਇਆ ਦੀ) ਸਾਰੀ ਭੁੱਖ ਦੂਰ ਹੋ ਜਾਂਦੀ ਹੈ,
10457	238	ਜਾ ਕੈ ਕਾਮਿ ਨ ਜੋਹਹਿ ਦੂਤ॥		Jaa Kai Kaam N Johehi Dhooth ||	Working for Him, the Messenger of Death will not be watching you.	ਤੇ ਉਸ ਦੀ ਸੇਵਾ-ਭਗਤੀ ਵਿਚ ਲੱਗਿਆਂ ਜਮਦੂਤ ਤੱਕ ਭੀ ਨਹੀਂ ਸਕਦੇ।
10458	238	ਜਾ ਕੈ ਕਾਮਿ ਤੇਰਾ ਵਡ ਗਮਰੁ॥	ਗਮਰੁ:ਪੋਲਾ ਬੋਲੋ ਮਿਲਵਾਂ। (ਗਮਰੁ)ਪ੍ਰਤਾਪ। ਵੱਡ	Jaa Kai Kaam Thaeraa Vadd Gamar ||	Working for Him, you shall obtain glorious greatness.	(ਹੇ ਭਾਈ!) ਜਿਸ ਦੀ ਸੇਵਾ ਭਗਤੀ ਦੀ ਬਰਕਤਿ ਨਾਲ ਤੇਰਾ (ਹਰ ਥਾਂ) ਵੱਡਾ ਤੇਜ-ਪ੍ਰਤਾਪ ਬਣ ਸਕਦਾ ਹੈ,
10459	238	ਜਾ ਕੈ ਕਾਮਿ ਹੋਵਹਿ ਤੂੰ ਅਮਰੁ॥੫॥		Jaa Kai Kaam Hovehi Thoon Amar ||5||	Working for Him, you shall become immortal. ||5||	ਤੇ ਉਸ ਦੀ ਸੇਵਾ-ਭਗਤੀ ਵਿਚ ਲੱਗਿਆਂ ਤੂੰ ਸਦੀਵੀ ਆਤਮਕ ਜੀਵਨ ਵਾਲਾ ਬਣ ਸਕਦਾ ਹੈਂ ॥੫॥

10460	238	ਜਾ ਕੇ ਚਾਕਰ ਕਉ ਨਹੀ ਡਾਨ॥	(ਡਾਨ) ਸਜ਼ਾ	Jaa Kae Chaakar Ko Nehee Ddaan ||	His servant does not suffer punishment.	(ਹੇ ਭਾਈ!) ਜਿਸ ਪਰਮਾਤਮਾ ਦੇ ਸੇਵਕ-ਭਗਤ ਨੂੰ ਕੋਈ ਦੁੱਖ-ਕਲੇਸ਼ ਪੋਹ ਨਹੀਂ ਸਕਦਾ,
10461	238	ਜਾ ਕੇ ਚਾਕਰ ਕਉ ਨਹੀ ਬਾਨ॥	(ਬਾਨ) ਖੋਟਾ ਸੁਭਾਉ	Jaa Kae Chaakar Ko Nehee Baan ||	His servant suffers no loss.	ਜਿਸ ਪਰਮਾਤਮਾ ਦੇ ਸੇਵਕ-ਭਗਤ ਨੂੰ ਕੋਈ ਐਬ ਨਹੀਂ ਚੰਬੜ ਸਕਦਾ,
10462	238	ਜਾ ਕੈ ਦਫਤਰਿ ਪੁਛੈ ਨ ਲੇਖਾ॥		Jaa Kai Dhafathar Pushhai N Laekhaa ||	In His Court, His servant does not have to answer for his account.	ਜਿਸ ਪਰਮਾਤਮਾ ਦੇ ਦਫ਼ਤਰ ਵਿਚ (ਸੇਵਕ ਭਗਤ ਪਾਸੋਂ ਕੀਤੇ ਕਰਮਾਂ ਦਾ ਕੋਈ) ਹਿਸਾਬ ਨਹੀਂ ਮੰਗਿਆ ਜਾਂਦਾ, (ਕਿਉਂਕਿ ਸੇਵਾ ਭਗਤੀ ਦੀ ਬਰਕਤਿ ਨਾਲ ਉਸ ਪਾਸੋਂ ਕੋਈ ਕੁਕਰਮ ਹੁੰਦੇ ਹੀ ਨਹੀਂ)
10463	238	ਤਾ ਕੀ ਚਾਕਰੀ ਕਰਹੁ ਬਿਸੇਖਾ॥੬॥	(ਬਿਸੇਖਾ) ਵਿਸ਼ੇਸ਼ ਪ੍ਰੇਮ ਸ਼ਰਧਾ ਇਕਾਗ੍ਰਤਾ ਗ੍ਰੀਬੀ ਸਹਿਤ	Thaa Kee Chaakaree Karahu Bisaekhaa ||6||	So serve Him with distinction. ||6||	ਉਸ ਪਰਮਾਤਮਾ ਦੀ ਸੇਵਾ-ਭਗਤੀ ਉਚੇਚੇ ਤੌਰ ਤੇ ਕਰਦੇ ਰਹੁ ॥੬॥
10464	238	ਜਾ ਕੈ ਊਨ ਨਾਹੀ ਕਾਹੂ ਬਾਤ॥		Jaa Kai Oon Naahee Kaahoo Baath ||	He is not lacking in anything.	ਹੇ ਮੇਰੇ ਮਨ! ਜਿਸ ਪਰਮਾਤਮਾ ਦੇ ਘਰ ਵਿਚ ਕਿਸੇ ਚੀਜ਼ ਦੀ ਕਮੀ ਨਹੀਂ,
10465	238	ਏਕਹਿ ਆਪਿ ਅਨੇਕਹਿ ਭਾਤਿ॥		Eaekehi Aap Anaekehi Bhaath ||	He Himself is One, although He appears in so many forms.	ਜੇਹੜਾ ਪਰਮਾਤਮਾ ਇਕ ਆਪ ਹੀ ਆਪ ਹੁੰਦਾ ਹੋਇਆ ਅਨੇਕਾਂ ਰੂਪਾਂ ਵਿਚ ਪਰਗਟ ਹੋ ਰਿਹਾ ਹੈ,
10466	238	ਜਾ ਕੀ ਦ੍ਰਿਸਟਿ ਹੋਇ ਸਦਾ ਨਿਹਾਲ॥		Jaa Kee Dhrisatt Hoe Sadhaa Nihaal ||	By His Glance of Grace, you shall be happy forever.	ਜਿਸ ਪਰਮਾਤਮਾ ਦੀ ਮਿਹਰ ਦੀ ਨਿਗਾਹ ਨਾਲ ਹਰੇਕ ਜੀਵ ਨਿਹਾਲ ਹੋ ਜਾਂਦਾ ਹੈ,

10467	238	ਮਨ ਮੇਰੇ ਕਰਿ ਤਾ ਕੀ ਘਾਲ॥੭॥	(ਘਾਲ) ਸੇਵਾ	Man Maerae Kar Thaa Kee Ghaal ||7||	So work for Him, O my mind. ||7||	ਤੂੰ ਉਸ ਪਰਮਾਤਮਾ ਦੀ ਸੇਵਾ-ਭਗਤੀ ਕਰ ॥੭॥
10468	238	ਨਾ ਕੋ ਚਤੁਰੁ ਨਾਹੀ ਕੋ ਮੂੜਾ॥		Naa Ko Chathur Naahee Ko Moorraa ||	No one is clever, and no one is foolish.	(ਪਰ ਆਪਣੇ ਆਪ) ਨਾਹ ਕੋਈ ਮਨੁੱਖ ਸਿਆਣਾ ਬਣ ਸਕਦਾ ਹੈ, ਨਾਹ ਕੋਈ ਮਨੁੱਖ (ਆਪਣੀ ਮਰਜ਼ੀ ਨਾਲ) ਮੂਰਖ ਟਿਕਿਆ ਰਹਿੰਦਾ ਹੈ,
10469	238	ਨਾ ਕੋ ਹੀਣੁ ਨਾਹੀ ਕੋ ਸੂਰਾ॥		Naa Ko Heen Naahee Ko Sooraa ||	No one is weak, and no one is a hero.	ਨਾਹ ਕੋਈ ਨਿਤਾਣਾ ਹੈ ਤੇ ਨਾਹ ਕੋਈ ਸੂਰਮਾ ਹੈ।
10470	239	ਜਿਤੁ ਕੋ ਲਾਇਆ ਤਿਤ ਹੀ ਲਾਗਾ॥		Jith Ko Laaeiaa Thith Hee Laagaa ||	As the Lord attaches someone, so is he attached.	ਹਰੇਕ ਜੀਵ ਉਸੇ ਪਾਸੇ ਹੀ ਲੱਗਾ ਹੋਇਆ ਹੈ ਜਿਸ ਪਾਸੇ ਪਰਮਾਤਮਾ ਨੇ ਉਸ ਨੂੰ ਲਾਇਆ ਹੋਇਆ ਹੈ।
10471	239	ਸੋ ਸੇਵਕੁ ਨਾਨਕ ਜਿਸੁ ਭਾਗਾ॥੮॥੬॥		So Saevak Naanak Jis Bhaagaa ||8||6||	He alone is the Lord's servant, O Nanak, who is so blessed. ||8||6||	ਹੇ ਨਾਨਕ! (ਪਰਮਾਤਮਾ ਦੀ ਮਿਹਰ ਨਾਲ) ਜਿਸ ਦੀ ਕਿਸਮਤ ਜਾਗ ਪੈਂਦੀ ਹੈ, ਉਹੀ ਉਸ ਦਾ ਸੇਵਕ ਬਣਦਾ ਹੈ ॥੮॥੬॥
10472	239	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
10473	239	ਬਿਨੁ ਸਿਮਰਨ ਜੈਸੇ ਸਰਪ ਆਰਜਾਰੀ॥	(ਸਰਪ) ਸੱਪ। (ਆਰਜਾਰੀ) ਉਮਰ	Bin Simaran Jaisae Sarap Aarajaaree ||	Without meditating in remembrance on the Lord, one's life is like that of a snake.	(ਹੇ ਭਾਈ!) ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਇਵੇਂ ਹੀ ਹੈ, ਜਿਵੇਂ ਸੱਪ ਦੀ ਉਮਰ ਹੈ (ਉਮਰ ਤਾਂ ਲੰਮੀ ਹੈ, ਪਰ ਸੱਪ ਸਦਾ ਦੂਜਿਆਂ ਨੂੰ ਡੰਗ ਹੀ ਮਾਰਦਾ ਰਹਿੰਦਾ ਹੈ।)

10474	239	ਤਿਉ ਜੀਵਹਿ ਸਾਕਤ ਨਾਮੁ ਬਿਸਾਰੀ॥੧॥		Thio Jeevehi Saakath Naam Bisaaree ||1||	This is how the faithless cynic lives, forgetting the Naam, the Name of the Lord. ||1||	ਇਸੇ ਤਰ੍ਹਾਂ ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਪਰਮਾਤਮਾ ਦਾ ਨਾਮ ਭੁਲਾ ਕੇ ਸਿਮਰਨ ਤੋਂ ਬਿਨਾ (ਵਿਅਰਥ ਜੀਵਨ ਹੀ) ਜੀਉਂਦੇ ਹਨ (ਮੌਕਾ ਬਣਨ ਤੇ ਦੂਜਿਆਂ ਨੂੰ ਡੰਗ ਹੀ ਮਾਰਦੇ ਹਨ) ॥੧॥
10475	239	ਏਕ ਨਿਮਖ ਜੋ ਸਿਮਰਨ ਮਹਿ ਜੀਆ॥		Eaek Nimakh Jo Simaran Mehi Jeeaa ||	One who lives in meditative remembrance, even for an instant,	(ਹੇ ਭਾਈ!) ਜੇਹੜਾ ਇਕ ਅੱਖ ਝਮਕਣ ਜਿਤਨਾ ਸਮਾ ਭੀ ਪਰਮਾਤਮਾ ਦੇ ਸਿਮਰਨ ਵਿਚ ਗੁਜ਼ਾਰਿਆ ਜਾਏ,
10476	239	ਕੋਟਿ ਦਿਨਸ ਲਾਖ ਸਦਾ ਥਿਰੁ ਥੀਆ॥੧॥ਰਹਾਉ॥		Kott Dhinas Laakh Sadhaa Thhir Thheeaa ||1|| Rehaao ||	Lives for hundreds of thousands and millions of days, and becomes stable forever. ||1||Pause||	ਉਹ, ਮਾਨੋ, ਲੱਖਾਂ ਕ੍ਰੋੜਾਂ ਦਿਨ (ਜੀਊ ਲਿਆ, ਕਿਉਂਕਿ ਸਿਮਰਨ ਦੀ ਬਰਕਤਿ ਨਾਲ ਮਨੁੱਖ ਦਾ ਆਤਮਕ ਜੀਵਨ) ਸਦਾ ਲਈ ਅਡੋਲ ਹੋ ਜਾਂਦਾ ਹੈ ॥੧॥ ਰਹਾਉ ॥
10477	239	ਬਿਨੁ ਸਿਮਰਨ ਧ੍ਰਿਗੁ ਕਰਮ ਕਰਾਸ॥	(ਕਰਾਸ) ਕਰਨੇ	Bin Simaran Dhhrig Karam Karaas ||	Without meditating in remembrance on the Lord, one's actions and works are cursed.	(ਹੇ ਭਾਈ!) ਪ੍ਰਭੂ-ਸਿਮਰਨ ਤੋਂ ਖੁੰਝ ਕੇ ਹੋਰ ਹੋਰ ਕੰਮ ਕਰਨੇ ਫਿਟਕਾਰ-ਜੋਗ ਹੀ ਹਨ,
10478	239	ਕਾਗ ਬਤਨ ਬਿਸਟਾ ਮਹਿ ਵਾਸ॥੨॥	(ਬਤਨ) ਦੇਸ਼, ਮੂੰਹ	Kaag Bathan Bisattaa Mehi Vaas ||2||	Like the crow's beak, he dwells in manure. ||2||	ਜਿਵੇਂ ਕਾਂ ਦੀ ਚੁੰਝ ਗੰਦ ਵਿਚ ਹੀ ਰਹਿੰਦੀ ਹੈ, ਤਿਵੇਂ ਸਿਮਰਨ-ਹੀਨ ਮਨੁੱਖਾਂ ਦੇ ਮੂੰਹ (ਨਿੰਦਾ ਆਦਿਕ ਦੇ) ਗੰਦ ਵਿਚ ਹੀ ਰਹਿੰਦੇ ਹਨ ॥੨॥

10479	239	ਬਿਨੁ ਸਿਮਰਨ ਭਏ ਕੂਕਰ ਕਾਮ॥	(ਕਾਮ) ਕੰਮ	Bin Simaran Bheae Kookar Kaam ||	Without meditating in remembrance on the Lord, one acts like a dog.	(ਹੇ ਭਾਈ!) ਪ੍ਰਭੂ ਦੀ ਯਾਦ ਤੋਂ ਖੁੰਝ ਕੇ ਮਨੁੱਖ (ਲੋਭ ਤੇ ਕਾਮਾਦਿਕ ਵਿਚ ਫਸ ਕੇ) ਕੁੱਤਿਆਂ ਵਰਗੇ ਕੰਮਾਂ ਵਿਚ ਪ੍ਰਵਿਰਤ ਰਹਿੰਦੇ ਹਨ।
10480	239	ਸਾਕਤ ਬੇਸੁਆ ਪੂਤ ਨਿਨਾਮ॥੩॥	(ਨਿਨਾਮ) ਪਿਤਾ ਦੇ ਨਾਂ ਰਹਿਤ	Saakath Baesuaa Pooth Ninaam ||3||	The faithless cynic is nameless, like the prostitute's son. ||3||	ਪਰਮਾਤਮਾ ਨਾਲੋਂ ਟੁਟੇ ਹੋਏ ਮਨੁੱਖ ਵੇਸਵਾ ਇਸਤ੍ਰੀਆਂ ਦੇ ਪੁੱਤਰਾਂ ਵਾਂਗ (ਨਿਲੱਜ) ਹੋ ਜਾਂਦੇ ਹਨ ਜਿਨ੍ਹਾਂ ਦੇ ਪਿਉ ਦਾ ਨਾਮ ਨਹੀਂ ਦੱਸਿਆ ਜਾ ਸਕਦਾ ॥੩॥
10481	239	ਬਿਨੁ ਸਿਮਰਨ ਜੈਸੇ ਸੀਝ ਛਤਾਰਾ॥	(ਛਤਾਰਾ) ਭੇਡੂ ਦੇ (ਸੀਝ) ਸਿੰਗ	Bin Simaran Jaisae Seen(g) Shhathaaraa ||	Without meditating in remembrance on the Lord, one is like a horned ram.	(ਹੇ ਭਾਈ!) ਪਰਮਾਤਮਾ ਦੀ ਯਾਦ ਤੋਂ ਖੁੰਝ ਕੇ ਉਹ (ਧਰਤੀ ਉਤੇ ਭਾਰ ਹੀ ਹਨ, ਜਿਵੇਂ) ਛੱਤਰਿਆਂ ਦੇ ਸਿਰ ਤੇ ਸਿੰਗ;
10482	239	ਬੋਲਹਿ ਕੂਰੁ ਸਾਕਤ ਮੁਖੁ ਕਾਰਾ॥੪॥	(ਕਾਰਾ) ਕਾਲ਼ਾ	Bolehi Koor Saakath Mukh Kaaraa ||4||	The faithless cynic barks out his lies, and his face is blackened. ||4||	ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ (ਸਦਾ) ਝੂਠ ਬੋਲਦੇ ਹਨ, ਹਰ ਥਾਂ ਮੁਕਾਲਖ ਹੀ ਖੱਟਦੇ ਹਨ ॥੪॥
10483	239	ਬਿਨੁ ਸਿਮਰਨ ਗਰਧਭ ਕੀ ਨਿਆਈ॥	(ਗਰਧਭ) ਗਧਾ	Bin Simaran Garadhhabh Kee Niaaee ||	Without meditating in remembrance on the Lord, one is like a donkey.	(ਹੇ ਭਾਈ!) ਸਿਮਰਨ ਤੋਂ ਖੁੰਝ ਕੇ ਉਹ ਖੋਤੇ ਵਾਂਗ ਹੀ (ਮਲੀਨ ਜੀਵਨ ਗੁਜ਼ਾਰਦੇ ਹਨ, ਜਿਵੇਂ ਖੋਤਾ ਸਦਾ ਸੁਆਹ ਮਿੱਟੀ ਵਿਚ ਲੇਟ ਕੇ ਖ਼ੁਸ਼ ਹੁੰਦਾ ਹੈ)

10484	239	ਸਾਕਤ ਥਾਨ ਭਰਿਸਟ ਫਿਰਾਹੀ॥੫॥	(ਭਰਿਸਟ) ਗੰਦਾ	Saakath Thhaan Bharisatt Firaahee ||5||	The faithless cynic wanders around in polluted places. ||5||	ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ (ਕੁਕਰਮਾਂ ਵਾਲੇ) ਗੰਦੇ ਥਾਈਂ ਹੀ ਫਿਰਦੇ ਰਹਿੰਦੇ ਹਨ ॥੫॥
10485	239	ਬਿਨੁ ਸਿਮਰਨ ਕੂਕਰ ਹਰਕਾਇਆ॥	(ਹਰਕਾਇਆ) ਹਲ਼ਕਿਆ	Bin Simaran Kookar Harakaaeiaa ||	Without meditating in remembrance on the Lord, one is like a mad dog.	(ਹੇ ਭਾਈ!) ਸਿਮਰਨ ਤੋਂ ਖੁੰਝ ਕੇ ਉਹ, ਮਾਨੋ, ਹਲਕੇ ਕੁੱਤੇ ਬਣ ਜਾਂਦੇ ਹਨ (ਜਿਸ ਨਾਲ ਭੀ ਸੰਗ ਕਰਦੇ ਹਨ, ਉਸ ਨੂੰ ਲੋਭ ਦਾ ਹਲਕ ਚੰਬੋੜ ਦੇਂਦੇ ਹਨ)
10486	239	ਸਾਕਤ ਲੋਭੀ ਬੰਧੁ ਨ ਪਾਇਆ॥੬॥	(ਬੰਧੁ) ਸੰਤੋਖ	Saakath Lobhee Bandhh N Paaeiaa ||6||	The greedy, faithless cynic falls into entanglements. ||6||	ਰੱਬ ਨਾਲੋਂ ਟੁੱਟੇ ਹੋਏ ਮਨੁੱਖ ਲੋਭ ਵਿਚ ਗ੍ਰਸੇ ਰਹਿੰਦੇ ਹਨ (ਉਹਨਾਂ ਦੇ ਰਾਹ ਵਿਚ, ਲੱਖਾਂ ਰੁਪਏ ਕਮਾ ਕੇ ਭੀ) ਰੋਕ ਨਹੀਂ ਪੈ ਸਕਦੀ ॥੬॥
10487	239	ਬਿਨੁ ਸਿਮਰਨ ਹੈ ਆਤਮਘਾਤੀ॥		Bin Simaran Hai Aatham Ghaathee ||	Without meditating in remembrance on the Lord, he murders his own soul.	(ਹੇ ਭਾਈ!) ਰੱਬ ਨਾਲੋਂ ਟੁੱਟਾ ਹੋਇਆ ਮਨੁੱਖ ਸਿਮਰਨ ਤੋਂ ਖੁੰਝਾ ਰਹਿ ਕੇ ਆਤਮਕ ਮੌਤ ਸਹੇੜ ਲੈਂਦਾ ਹੈ,
10488	239	ਸਾਕਤ ਨੀਚ ਤਿਸੁ ਕੁਲੁ ਨਹੀ ਜਾਤੀ॥੭॥	ਕੁਲੁ: ਪੋਲਾ ਬੋਲੋ	Saakath Neech This Kul Nehee Jaathee ||7||	The faithless cynic is wretched, without family or social standing. ||7||	ਉਹ ਸਦਾ ਨੀਵੇਂ ਕੰਮਾਂ ਵਲ ਰੁਚੀ ਰੱਖਦਾ ਹੈ, ਉਸ ਦੀ ਨਾਹ ਉੱਚੀ ਕੁਲ ਰਹਿ ਜਾਂਦੀ ਹੈ ਨਾਹ ਉੱਚੀ ਜਾਤਿ ॥੭॥

10489	239	ਜਿਸੁ ਭਇਆ ਕ੍ਰਿਪਾਲੁ ਤਿਸੁ ਸਤਸੰਗਿ ਮਿਲਾਇਆ॥		Jis Bhaeiaa Kirapaal This Sathasang Milaaeiaa ||	When the Lord becomes merciful, one joins the Sat Sangat, the True Congregation.	ਜਿਸ ਮਨੁੱਖ ਉਤੇ ਪਰਮਾਤਮਾ ਦਇਆਵਾਨ ਹੋ ਜਾਂਦਾ ਹੈ, ਉਸ ਨੂੰ ਸਾਧ ਸੰਗਤਿ ਵਿਚ ਲਿਆ ਰਲਾਂਦਾ ਹੈ।
10490	239	ਕਹੁ ਨਾਨਕ ਗੁਰਿ ਜਗਤੁ ਤਰਾਇਆ॥੮॥੭॥	ਜੱਗ-ਤੁ	Kahu Naanak Gur Jagath Tharaaeiaa ||8||7||	Says Nanak, the Guru has saved the world. ||8||7||	ਨਾਨਕ ਆਖਦਾ ਹੈ- ਇਸ ਤਰ੍ਹਾਂ ਜਗਤ ਨੂੰ ਗੁਰੂ ਦੀ ਰਾਹੀਂ (ਸੰਸਾਰ-ਸਮੁੰਦਰ ਦੇ ਵਿਕਾਰਾਂ ਤੋਂ) ਪਾਰ ਲੰਘਾਂਦਾ ਹੈ ॥੮॥੭॥
10491	239	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
10492	239	ਗੁਰ ਕੈ ਬਚਨਿ ਮੋਹਿ ਪਰਮਗਤਿ ਪਾਈ॥		Gur Kai Bachan Mohi Param Gath Paaee ||	Through the Guru's Word, I have attained the supreme status.	ਗੁਰੂ ਦੇ ਉਪਦੇਸ਼ ਉਤੇ ਤੁਰ ਕੇ ਮੈਂ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲਈ ਹੈ,
10493	239	ਗੁਰਿ ਪੂਰੈ ਮੇਰੀ ਪੈਜ ਰਖਾਈ॥੧॥		Gur Poorai Maeree Paij Rakhaaee ||1||	The Perfect Guru has preserved my honor. ||1||	(ਦੁਨੀਆ ਦੇ ਵਿਕਾਰਾਂ ਦੇ ਮੁਕਾਬਲੇ ਤੇ) ਪੂਰੇ ਗੁਰੂ ਨੇ ਮੇਰੀ ਇੱਜ਼ਤ ਰੱਖ ਲਈ ਹੈ ॥੧॥
10494	239	ਗੁਰ ਕੈ ਬਚਨਿ ਧਿਆਇਓ ਮੋਹਿ ਨਾਉ॥		Gur Kai Bachan Dhhiaaeiou Mohi Naao ||	Through the Guru's Word, I meditate on the Name.	(ਹੇ ਭਾਈ!) ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਮੈਂ ਪਰਮਾਤਮਾ ਦਾ ਨਾਮ ਸਿਮਰਿਆ ਹੈ,

10495	239	ਗੁਰ ਪਰਸਾਦਿ ਮੋਹਿ ਮਿਲਿਆ ਥਾਉ॥੧॥ਰਹਾਉ॥		Gur Parasaadh Mohi Miliaa Thhaao ||1|| Rehaao ||	By Guru's Grace, I have obtained a place of rest. ||1||Pause||	ਤੇ ਗੁਰੂ ਦੀ ਕਿਰਪਾ ਨਾਲ ਮੈਨੂੰ (ਪਰਮਾਤਮਾ ਦੇ ਚਰਨਾਂ ਵਿਚ) ਥਾਂ ਮਿਲ ਗਿਆ ਹੈ (ਮੇਰਾ ਮਨ ਪ੍ਰਭੂ-ਚਰਨਾਂ ਵਿਚ ਟਿਕਿਆ ਰਹਿੰਦਾ ਹੈ) ॥੧॥ ਰਹਾਉ ॥
10496	239	ਗੁਰ ਕੈ ਬਚਨਿ ਸੁਣਿ ਰਸਨਿ ਵਖਾਣੀ॥		Gur Kai Bachan Sun Rasan Vakhaanee ||	I listen to the Guru's Word, and chant it with my tongue.	(ਹੇ ਭਾਈ!) ਗੁਰੂ ਦੇ ਉਪਦੇਸ਼ ਦੀ ਰਾਹੀਂ (ਪਰਮਾਤਮਾ ਦੀ ਸਿਫ਼ਤ-ਸਾਲਾਹ) ਸੁਣ ਕੇ ਮੈਂ ਆਪਣੀ ਜੀਭ ਨਾਲ ਭੀ ਸਿਫ਼ਤ-ਸਾਲਾਹ ਉਚਾਰਦਾ ਰਹਿੰਦਾ ਹਾਂ,
10497	239	ਗੁਰ ਕਿਰਪਾ ਤੇ ਅੰਮ੍ਰਿਤ ਮੇਰੀ ਬਾਣੀ॥੨॥		Gur Kirapaa Thae Anmrith Maeree Baanee ||2||	By Guru's Grace, my speech is like nectar. ||2||	ਗੁਰੂ ਦੀ ਕਿਰਪਾ ਨਾਲ ਆਤਮਕ ਜੀਵਨ ਦੇਣ ਵਾਲੀ ਸਿਫ਼ਤ-ਸਾਲਾਹ ਦੀ ਬਾਣੀ ਮੇਰੀ (ਰਾਸ-ਪੂੰਜੀ ਬਣ ਗਈ ਹੈ) ॥੨॥
10498	239	ਗੁਰ ਕੈ ਬਚਨਿ ਮਿਟਿਆ ਮੇਰਾ ਆਪੁ॥	(ਆਪੁ) ਹੰਕਾਰ	Gur Kai Bachan Mittiaa Maeraa Aap ||	Through the Guru's Word, my selfishness and conceit have been removed.	ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ (ਮੇਰੇ ਅੰਦਰੋਂ) ਮੇਰਾ ਆਪਾ-ਭਾਵ ਮਿਟ ਗਿਆ ਹੈ,
10499	239	ਗੁਰ ਕੀ ਦਇਆ ਤੇ ਮੇਰਾ ਵਡ ਪਰਤਾਪੁ॥੩॥		Gur Kee Dhaeiaa Thae Maeraa Vadd Parathaap ||3||	Through the Guru's kindness, I have obtained glorious greatness. ||3||	ਗੁਰੂ ਦੀ ਦਇਆ ਨਾਲ ਮੇਰਾ ਬੜਾ ਤੇਜ-ਪਰਤਾਪ ਬਣ ਗਿਆ ਹੈ (ਕਿ ਕੋਈ ਵਿਕਾਰ ਹੁਣ ਮੇਰੇ ਨੇੜੇ ਨਹੀਂ ਢੁੱਕਦਾ) ॥੩॥

10500	239	ਗੁਰ ਕੈ ਬਚਨਿ ਮਿਟਿਆ ਮੇਰਾ ਭਰਮੁ॥		Gur Kai Bachan Mittiaa Maeraa Bharam ||	Through the Guru's Word, my doubts have been removed.	ਗੁਰੂ ਦੇ ਉਪਦੇਸ਼ ਤੇ ਤੁਰ ਕੇ ਮੇਰੇ ਮਨ ਦੀ ਭਟਕਣਾ ਦੂਰ ਹੋ ਗਈ ਹੈ,
10501	239	ਗੁਰ ਕੈ ਬਚਨਿ ਪੇਖਿਓ ਸਭੁ ਬ੍ਰਹਮੁ॥੪॥		Gur Kai Bachan Paekhiou Sabh Breham ||4||	Through the Guru's Word, I see God everywhere. ||4||	ਤੇ ਹੁਣ ਮੈਂ ਹਰ-ਥਾਂ-ਵੱਸਦਾ ਪਰਮਾਤਮਾ ਵੇਖ ਲਿਆ ਹੈ ॥੪॥
10502	239	ਗੁਰ ਕੈ ਬਚਨਿ ਕੀਨੋ ਰਾਜੁ ਜੋਗੁ॥	ਬ੍ਰਹਮ ਸਰੂਪ ਨਾਲ (ਜੋਗੁ) ਜੁੜ ਕੇ ਇੰਦ੍ਰੀਆਂ ਤੇ ਰਾਜੁ (ਕੀਨੋ) ਕਰ ਰਿਹਾ	Gur Kai Bachan Keeno Raaj Jog ||	Through the Guru's Word, I practice Raja Yoga, the Yoga of meditation and success.	ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਗ੍ਰਿਹਸਤ ਵਿਚ ਰਹਿ ਕੇ ਹੀ ਮੈਂ ਪ੍ਰਭੂ-ਚਰਨਾਂ ਦਾ ਮਿਲਾਪ ਮਾਣ ਰਿਹਾ ਹਾਂ।
10503	239	ਗੁਰ ਕੈ ਸੰਗਿ ਤਰਿਆ ਸਭੁ ਲੋਗੁ॥੫॥		Gur Kai Sang Thariaa Sabh Log ||5||	In the Company of the Guru, all the people of the world are saved. ||5||	(ਹੇ ਭਾਈ!) ਗੁਰੂ ਦੀ ਸੰਗਤਿ ਵਿਚ (ਰਹਿ ਕੇ) ਸਾਰਾ ਜਗਤ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ ॥੫॥
10504	239	ਗੁਰ ਕੈ ਬਚਨਿ ਮੇਰੇ ਕਾਰਜ ਸਿਧਿ॥	ਸਿੱਧਿ	Gur Kai Bachan Maerae Kaaraj Sidhh ||	Through the Guru's Word, my affairs are resolved.	(ਹੇ ਭਾਈ!) ਗੁਰੂ ਦੇ ਉਪਦੇਸ਼ ਤੇ ਤੁਰ ਕੇ ਮੇਰੇ ਸਾਰੇ ਕੰਮਾਂ ਵਿਚ ਸਫਲਤਾ ਹੋ ਰਹੀ ਹੈ,
10505	239	ਗੁਰ ਕੈ ਬਚਨਿ ਪਾਇਆ ਨਾਉ ਨਿਧਿ॥੬॥		Gur Kai Bachan Paaeiaa Naao Nidhh ||6||	Through the Guru's Word, I have obtained the nine treasures. ||6||	ਗੁਰੂ ਦੇ ਉਪਦੇਸ਼ ਦੀ ਰਾਹੀਂ ਮੈਂ ਪਰਮਾਤਮਾ ਦਾ ਨਾਮ ਹਾਸਲ ਕਰ ਲਿਆ ਹੈ (ਜੋ ਮੇਰੇ ਵਾਸਤੇ ਸਭ ਕਾਮਯਾਬੀਆਂ ਦਾ) ਖ਼ਜ਼ਾਨਾ ਹੈ ॥੬॥

10506	239	ਜਿਨਿ ਜਿਨਿ ਕੀਨੀ ਮੇਰੇ ਗੁਰ ਕੀ ਆਸਾ॥		Jin Jin Keenee Maerae Gur Kee Aasaa ||	Whoever places his hopes in my Guru,	(ਹੇ ਭਾਈ!) ਜਿਸ ਜਿਸ ਮਨੁੱਖ ਨੇ ਮੇਰੇ ਗੁਰੂ ਦੀ ਆਸ (ਆਪਣੇ ਮਨ ਵਿਚ) ਧਾਰ ਲਈ ਹੈ,
10507	239	ਤਿਸ ਕੀ ਕਟੀਐ ਜਮ ਕੀ ਫਾਸਾ॥੭॥		This Kee Katteeai Jam Kee Faasaa ||7||	Has the noose of death cut away. ||7||	ਉਸ ਦੀ ਜਮ ਦੀ ਫਾਹੀ ਕੱਟੀ ਗਈ ਹੈ ॥੭॥
10508	239	ਗੁਰ ਕੈ ਬਚਨਿ ਜਾਗਿਆ ਮੇਰਾ ਕਰਮੁ॥		Gur Kai Bachan Jaagiaa Maeraa Karam ||	Through the Guru's Word, my good karma has been awakened.	ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਮੇਰੀ ਕਿਸਮਤਿ ਜਾਗ ਪਈ ਹੈ,
10509	239	ਨਾਨਕ ਗੁਰੁ ਭੇਟਿਆ ਪਾਰਬ੍ਰਹਮੁ॥੮॥੮॥		Naanak Gur Bhaettiaa Paarabreham ||8||8||	O Nanak, meeting with the Guru, I have found the Supreme Lord God. ||8||8||	ਮੈਨੂੰ ਗੁਰੂ ਮਿਲਿਆ ਹੈ (ਤੇ ਗੁਰੂ ਦੀ ਮਿਹਰ ਨਾਲ) ਹੇ ਨਾਨਕ! (ਆਖ-) ਮੈਨੂੰ ਪਰਮਾਤਮਾ ਮਿਲ ਪਿਆ ਹੈ ॥੮॥੮॥
10510	239	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
10511	239	ਤਿਸੁ ਗੁਰ ਕਉ ਸਿਮਰਉ ਸਾਸਿ ਸਾਸਿ॥		This Gur Ko Simaro Saas Saas ||	I remember the Guru with each and every breath.	(ਹੇ ਭਾਈ!) ਉਸ ਗੁਰੂ ਨੂੰ ਮੈਂ (ਆਪਣੇ) ਹਰੇਕ ਸਾਹ ਦੇ ਨਾਲ ਨਾਲ ਚੇਤੇ ਕਰਦਾ ਰਹਿੰਦਾ ਹਾਂ,

10512	239	ਗੁਰੁ ਮੇਰੇ ਪ੍ਰਾਣ ਸਤਿਗੁਰੁ ਮੇਰੀ ਰਾਸਿ॥੧॥ਰਹਾਉ॥		Gur Maerae Praan Sathigur Maeree Raas ||1|| Rehaao ||	The Guru is my breath of life, the True Guru is my wealth. ||1||Pause||	ਜੇਹੜਾ ਗੁਰੂ ਮੇਰੀ ਜਿੰਦ ਦਾ ਆਸਰਾ ਹੈ ਮੇਰੀ (ਆਤਮਕ ਜੀਵਨ ਦੀ) ਰਾਸਿ-ਪੂੰਜੀ (ਦਾ ਰਾਖਾ) ਹੈ ॥੧॥ ਰਹਾਉ ॥
10513	239	ਗੁਰ ਕਾ ਦਰਸਨੁ ਦੇਖਿ ਦੇਖਿ ਜੀਵਾ॥		Gur Kaa Dharasan Dhaekh Dhaekh Jeevaa ||	Beholding the Blessed Vision of the Guru's Darshan, I live.	(ਹੇ ਭਾਈ!) ਜਿਉਂ ਜਿਉਂ ਮੈਂ ਗੁਰੂ ਦਾ ਦਰਸਨ ਕਰਦਾ ਹਾਂ, ਮੈਨੂੰ ਆਤਮਕ ਜੀਵਨ ਮਿਲਦਾ ਹੈ।
10514	239	ਗੁਰ ਕੇ ਚਰਣ ਧੋਇ ਧੋਇ ਪੀਵਾ॥੧॥		Gur Kae Charan Dhhoe Dhhoe Peevaa ||1||	I wash the Guru's Feet, and drink in this water. ||1||	ਜਿਉਂ ਜਿਉਂ ਮੈਂ ਗੁਰੂ ਦੇ ਚਰਨ ਧੋਂਦਾ ਹਾਂ, ਮੈਨੂੰ (ਆਤਮਕ ਜੀਵਨ ਦੇਣ ਵਾਲਾ) ਨਾਮ-ਜਲ (ਪੀਣ ਨੂੰ, ਜਪਣ ਨੂੰ) ਮਿਲਦਾ ਹੈ ॥੧॥
10515	239	ਗੁਰ ਕੀ ਰੇਣੁ ਨਿਤ ਮਜਨੁ ਕਰਉ॥	(ਮੱਜਨੁ) ਇਸ਼ਨਾਨ	Gur Kee Raen Nith Majan Karo ||	I take my daily bath in the dust of the Guru's Feet.	ਗੁਰੂ ਦੇ ਚਰਨਾਂ ਦੀ ਧੂੜ (ਮੇਰੇ ਵਾਸਤੇ ਤੀਰਥ ਦਾ ਜਲ ਹੈ ਉਸ) ਵਿਚ ਮੈਂ ਸਦਾ ਇਸ਼ਨਾਨ ਕਰਦਾ ਹਾਂ,
10516	239	ਜਨਮ ਜਨਮ ਕੀ ਹਉਮੈ ਮਲੁ ਹਰਉ॥੨॥	(ਹਰਉ) ਨਾਸ ਕਰੋ	Janam Janam Kee Houmai Mal Haro ||2||	The egotistical filth of countless incarnations is washed off. ||2||	ਤੇ ਅਨੇਕਾਂ ਜਨਮਾਂ ਦੀ (ਇਕੱਠੀ ਹੋਈ ਹੋਈ) ਹਉਮੈ ਦੀ ਮੈਲ (ਆਪਣੇ ਮਨ ਵਿਚੋਂ) ਦੂਰ ਕਰਦਾ ਹਾਂ ॥੨॥
10517	239	ਤਿਸੁ ਗੁਰ ਕਉ ਝੂਲਾਵਉ ਪਾਖਾ॥		This Gur Ko Jhoolaavo Paakhaa ||	I wave the fan over the Guru.	(ਹੇ ਭਾਈ!) ਉਸ ਗੁਰੂ ਨੂੰ ਮੈਂ ਪੱਖਾ ਝੱਲਦਾ ਹਾਂ,

10518	239	ਮਹਾ ਅਗਨਿ ਤੇ ਹਾਥੁ ਦੇ ਰਾਖਾ॥੩॥		Mehaa Agan Thae Haathh Dhae Raakhaa ||3||	Giving me His Hand, He has saved me from the great fire. ||3||	ਜਿਸ ਗੁਰੂ ਨੇ ਮੈਨੂੰ (ਵਿਕਾਰਾਂ ਦੀ) ਵੱਡੀ ਅੱਗ ਤੋਂ (ਆਪਣਾ) ਹੱਥ ਦੇ ਕੇ ਬਚਾਇਆ ਹੋਇਆ ਹੈ ॥੩॥
10519	239	ਤਿਸੁ ਗੁਰ ਕੈ ਗ੍ਰਿਹਿ ਢੋਵਉ ਪਾਣੀ॥	ਗ੍ਰਿਹਿ	This Gur Kai Grihi Dtovo Paanee ||	I carry water for the Guru's household;	(ਹੇ ਭਾਈ!) ਮੈਂ ਉਸ ਗੁਰੂ ਦੇ ਘਰ ਵਿਚ (ਸਦਾ) ਪਾਣੀ ਢੋਂਦਾ ਹਾਂ,
10520	239	ਜਿਸੁ ਗੁਰ ਤੇ ਅਕਲ ਗਤਿ ਜਾਣੀ॥੪॥	(ਅ-ਕਲ) ਕਲਪਨਾ ਰਹਤਿ ਪ੍ਰਮੇਸ਼ਰ। (ਗਤਿ) ਪ੍ਰਾਪਤੀ	Jis Gur Thae Akal Gath Jaanee ||4||	From the Guru, I have learned the Way of the One Lord. ||4||	ਜਿਸ ਗੁਰੂ ਪਾਸੋਂ ਮੈਂ ਉਸ ਪਰਮਾਤਮਾ ਦੀ ਸੂਝ-ਬੂਝ ਹਾਸਲ ਕੀਤੀ ਹੈ ਜੇਹੜਾ ਕਦੇ ਘਟਦਾ ਵਧਦਾ ਨਹੀਂ ॥੪॥
10521	239	ਤਿਸੁ ਗੁਰ ਕੈ ਗ੍ਰਿਹਿ ਪੀਸਉ ਨੀਤ॥	ਚੱਕੀ ਪੀਸਉ	This Gur Kai Grihi Peeso Neeth ||	I grind the corn for the Guru's household.	(ਹੇ ਭਾਈ!) ਉਸ ਗੁਰੂ ਦੇ ਘਰ ਵਿਚ ਮੈਂ ਸਦਾ ਚੱਕੀ ਪੀਂਹਦਾ ਹਾਂ,
10522	239	ਜਿਸੁ ਪਰਸਾਦਿ ਵੈਰੀ ਸਭ ਮੀਤ॥੫॥		Jis Parasaadh Vairee Sabh Meeth ||5||	By His Grace, all my enemies have become friends. ||5||	ਜਿਸ ਗੁਰੂ ਦੀ ਕਿਰਪਾ ਨਾਲ (ਪਹਿਲਾਂ) ਵੈਰੀ (ਦਿੱਸ ਰਹੇ ਬੰਦੇ ਹੁਣ) ਸਾਰੇ ਮਿੱਤਰ ਜਾਪ ਰਹੇ ਹਨ ॥੫॥
10523	240	ਜਿਨਿ ਗੁਰਿ ਮੋਕਉ ਦੀਨਾ ਜੀਉ॥		Jin Gur Mo Ko Dheenaa Jeeo ||	The Guru who gave me my soul,	(ਹੇ ਭਾਈ!) ਜਿਸ ਗੁਰੂ ਨੇ ਮੈਨੂੰ ਆਤਮਕ ਜੀਵਨ ਦਿੱਤਾ ਹੈ,

10524	240	ਆਪੁਨਾ ਦਾਸਰਾ ਆਪੇ ਮੁਲਿ ਲੀਉ॥੬॥	(ਦਾਸਰਾ) ਦਾਸ	Aapunaa Dhaasaraa Aapae Mul Leeo ||6||	Has Himself purchased me, and made me His slave. ||6||	ਜਿਸ ਨੇ ਮੈਨੂੰ ਆਪਣਾ ਨਿੱਕਾ ਜਿਹਾ ਦਾਸ ਬਣਾ ਕੇ ਆਪ ਹੀ ਮੁੱਲ ਲੈ ਲਿਆ ਹੈ (ਮੇਰੇ ਨਾਲ ਡੂੰਘੀ ਅਪਣੱਤ ਬਣਾ ਲਈ ਹੈ) ॥੬॥
10525	240	ਆਪੇ ਲਾਇਓ ਅਪਨਾ ਪਿਆਰੁ॥		Aapae Laaeiou Apanaa Piaar ||	He Himself has blessed me with His Love.	ਜਿਸ ਗੁਰੂ ਨੇ ਆਪ ਹੀ ਮੇਰੇ ਅੰਦਰ ਆਪਣਾ ਪਿਆਰ ਪੈਦਾ ਕੀਤਾ ਹੈ,
10526	240	ਸਦਾ ਸਦਾ ਤਿਸੁ ਗੁਰ ਕਉ ਕਰੀ ਨਮਸਕਾਰੁ॥੭॥		Sadhaa Sadhaa This Gur Ko Karee Namasakaar ||7||	Forever and ever, I humbly bow to the Guru. ||7||	ਉਸ ਗੁਰੂ ਨੂੰ ਮੈਂ ਸਦਾ ਹੀ ਸਦਾ ਹੀ ਸਿਰ ਨਿਵਾਂਦਾ ਰਹਿੰਦਾ ਹਾਂ ॥੭॥
10527	240	ਕਲਿ ਕਲੇਸ ਭੈ ਭ੍ਰਮ ਦੁਖ ਲਾਥਾ॥	ਕਲਿ:ਪੋਲਾ ਬੋਲੋ। (ਕਲਿ) ਕਲਪਨਾ। ਅਵਿੱਦਿਆ ਅਸੰਮਤਾ ਰਾਗ ਦ੍ਵੈਖ ਹਠ ਪੰਜ ਕਲੇਸ	Kal Kalaes Bhai Bhram Dhukh Laathhaa ||	My troubles, conflicts, fears, doubts and pains have been dispelled;	ਉਸ ਦੀ ਸਰਨ ਪਿਆਂ (ਮੇਰੇ ਅੰਦਰੋਂ) ਝਗੜੇ ਕਲੇਸ਼ ਸਹਮ ਭਟਕਣਾ ਤੇ ਸਾਰੇ ਦੁੱਖ ਦੂਰ ਹੋ ਗਏ ਹਨ।
10528	240	ਕਹੁ ਨਾਨਕ ਮੇਰਾ ਗੁਰੁ ਸਮਰਾਥਾ॥੮॥੯॥		Kahu Naanak Maeraa Gur Samaraathhaa ||8||9||	Says Nanak, my Guru is All-powerful. ||8||9||	ਨਾਨਕ ਆਖਦਾ ਹੈ- ਮੇਰਾ ਗੁਰੂ ਬੜੀਆਂ ਤਾਕਤਾਂ ਦਾ ਮਾਲਕ ਹੈ ॥੮॥੯॥
10529	240	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
10530	240	ਮਿਲੁ ਮੇਰੇ ਗੋਬਿੰਦ ਅਪਨਾ ਨਾਮੁ ਦੇਹੁ॥		Mil Maerae Gobindh Apanaa Naam Dhaehu ||	Meet me, O my Lord of the Universe. Please bless me with Your Name.	ਹੇ ਮੇਰੇ ਗੋਬਿੰਦ! (ਮੈਨੂੰ) ਮਿਲ, (ਤੇ ਮੈਨੂੰ) ਆਪਣਾ ਨਾਮ ਦੇਹ।

10531	240	ਨਾਮ ਬਿਨਾ ਧ੍ਰਿਗੁ ਧ੍ਰਿਗੁ ਅਸਨੇਹੁ॥੧॥ਰਹਾਉ ॥	(ਅਸਨੇਹੁ) ਪਿਆਰ	Naam Binaa Dhhrig Dhhrig Asanaehu ||1|| Rehaao ||	Without the Naam, the Name of the Lord, cursed, cursed is love and intimacy. ||1||Pause||	(ਹੇ ਗੋਬਿੰਦ! ਤੇਰੇ) ਨਾਮ (ਦੇ ਪਿਆਰ) ਤੋਂ ਬਿਨਾ (ਹੋਰ ਦੁਨੀਆ ਵਾਲਾ ਮੋਹ-) ਪਿਆਰ ਫਿਟਕਾਰ-ਜੋਗ ਹੈ ਫਿਟਕਾਰ-ਜੋਗ ਹੈ ॥੧॥ ਰਹਾਉ ॥
10532	240	ਨਾਮ ਬਿਨਾ ਜੋ ਪਹਿਰੈ ਖਾਇ॥		Naam Binaa Jo Pehirai Khaae ||	Without the Naam, one who dresses and eats well	(ਹੇ ਭਾਈ!) ਪਰਮਾਤਮਾ ਦੇ ਨਾਮ ਦੀ ਯਾਦ ਤੋਂ ਬਿਨਾ ਮਨੁੱਖ ਜੋ ਕੁਝ ਭੀ ਪਹਿਨਦਾ ਹੈ ਜੋ ਕੁਝ ਭੀ ਖਾਂਦਾ ਹੈ,
10533	240	ਜਿਉ ਕੂਕਰੁ ਜੂਠਨ ਮਹਿ ਪਾਇ॥੧॥		Jio Kookar Joothan Mehi Paae ||1||	Is like a dog, who falls in and eats impure foods. ||1||	(ਉਹ ਇਉਂ ਹੀ ਹੈ) ਜਿਵੇਂ (ਕੋਈ) ਕੁੱਤਾ ਜੂਠੀਆਂ (ਗੰਦੀਆਂ) ਚੀਜ਼ਾਂ ਵਿਚ (ਆਪਣਾ ਮੂੰਹ) ਪਾਂਦਾ ਫਿਰਦਾ ਹੈ ॥੧॥
10534	240	ਨਾਮ ਬਿਨਾ ਜੇਤਾ ਬਿਉਹਾਰੁ॥		Naam Binaa Jaethaa Biouhaar ||	Without the Naam, all occupations are useless,	(ਹੇ ਭਾਈ!) ਪਰਮਾਤਮਾ ਦਾ ਨਾਮ ਭੁਲਾ ਕੇ ਮਨੁੱਖ ਹੋਰ ਜਿਤਨਾ ਭੀ ਕਾਰ-ਵਿਹਾਰ ਕਰਦਾ ਹੈ,
10535	240	ਜਿਉ ਮਿਰਤਕ ਮਿਥਿਆ ਸੀਗਾਰੁ॥੨॥	ਮਿਥਿਆ: ਪੋਲਾ ਬੋਲੋ	Jio Mirathak Mithhiaa Seegaar ||2||	Like decorations on a dead body. ||2||	(ਉਹ ਇਉਂ ਹੈ) ਜਿਵੇਂ ਕਿਸੇ ਲੋਥ ਦਾ ਸਿੰਗਾਰ ਵਿਅਰਥ (ਉੱਦਮ) ਹੈ ॥੨॥
10536	240	ਨਾਮੁ ਬਿਸਾਰਿ ਕਰੇ ਰਸ ਭੋਗ॥		Naam Bisaar Karae Ras Bhog ||	One who forgets the Naam and indulges in pleasures,	(ਹੇ ਭਾਈ! ਜੇ ਮਨੁੱਖ) ਪਰਮਾਤਮਾ ਦਾ ਨਾਮ ਭੁਲਾ ਕੇ ਦੁਨੀਆ ਦੇ ਪਦਾਰਥ ਹੀ ਭੋਗਦਾ ਫਿਰਦਾ ਹੈ,

10537	240	ਸੁਖੁ ਸੁਪਨੈ ਨਹੀ ਤਨ ਮਹਿ ਰੋਗ॥੩॥		Sukh Supanai Nehee Than Mehi Rog ||3||	Shall find no peace, even in dreams; his body shall become diseased. ||3||	ਉਸ ਨੂੰ (ਉਹਨਾਂ ਭੋਗਾਂ ਤੋਂ) ਸੁਪਨੇ ਵਿਚ ਭੀ (ਕਦੇ ਹੀ) ਸੁਖ ਨਹੀਂ ਮਿਲ ਸਕਦਾ (ਪਰ, ਹਾਂ ਇਹਨਾਂ ਭੋਗਾਂ ਤੋਂ) ਉਸ ਦੇ ਸਰੀਰ ਵਿਚ ਰੋਗ ਪੈਦਾ ਹੋ ਜਾਂਦੇ ਹਨ ॥੩॥
10538	240	ਨਾਮੁ ਤਿਆਗਿ ਕਰੇ ਅਨ ਕਾਜ॥	(ਅਨ) ਹੋਰ	Naam Thiaag Karae An Kaaj ||	One who renounces the Naam and engages in other occupations,	(ਹੇ ਭਾਈ! ਜੇਹੜਾ ਮਨੁੱਖ) ਪਰਮਾਤਮਾ ਦਾ ਨਾਮ ਛੱਡ ਕੇ ਹੋਰ ਹੋਰ ਕੰਮ-ਕਾਜ ਕਰਦਾ ਰਹਿੰਦਾ ਹੈ,
10539	240	ਬਿਨਸਿ ਜਾਇ ਝੂਠੇ ਸਭਿ ਪਾਜ॥੪॥	(ਪਾਜ) ਵਿਖਾਵਾ	Binas Jaae Jhoothae Sabh Paaj ||4||	Shall see all of his false pretenses fall away. ||4||	ਉਸ ਦਾ ਆਤਮਕ ਜੀਵਨ ਨਾਸ ਹੋ ਜਾਂਦਾ ਹੈ, ਤੇ ਉਸ ਦੇ (ਦੁਨੀਆ ਵਾਲੇ) ਸਾਰੇ ਵਿਖਾਵੇ ਵਿਅਰਥ ਹੋ ਜਾਂਦੇ ਹਨ ॥੪॥
10540	240	ਨਾਮ ਸੰਗਿ ਮਨਿ ਪ੍ਰੀਤਿ ਨ ਲਾਵੈ॥		Naam Sang Man Preeth N Laavai ||	One whose mind does not embrace love for the Naam	(ਹੇ ਭਾਈ! ਜੇਹੜਾ ਮਨੁੱਖ) ਆਪਣੇ ਮਨ ਵਿਚ ਪਰਮਾਤਮਾ ਦੇ ਨਾਮ ਨਾਲ ਪ੍ਰੀਤਿ ਨਹੀਂ ਜੋੜਦਾ,
10541	240	ਕੋਟਿ ਕਰਮ ਕਰਤੋ ਨਰਕਿ ਜਾਵੈ॥੫॥		Kott Karam Karatho Narak Jaavai ||5||	Shall go to hell, even though he may perform millions of ceremonial rituals. ||5||	ਉਹ ਹੋਰ ਕ੍ਰੋੜਾਂ ਹੀ (ਮਿੱਥੇ ਹੋਏ ਧਾਰਮਿਕ) ਕੰਮ ਕਰਦਾ ਹੋਇਆ ਭੀ ਨਰਕ ਵਿਚ ਪਹੁੰਚਦਾ ਹੈ (ਪਿਆ ਰਹਿੰਦਾ ਹੈ, ਸਦਾ ਨਰਕੀ ਜੀਵਨ ਬਿਤੀਤ ਕਰਦਾ ਹੈ) ॥੫॥
10542	240	ਹਰਿ ਕਾ ਨਾਮੁ ਜਿਨਿ ਮਨਿ ਨ ਆਰਾਧਾ॥		Har Kaa Naam Jin Man N Aaraadhhaa ||	One whose mind does not contemplate the Name of the Lord	(ਹੇ ਭਾਈ!) ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਨਹੀਂ ਸਿਮਰਿਆ,

10543	240	ਚੋਰ ਕੀ ਨਿਆਈ ਜਮਪੁਰਿ ਬਾਧਾ॥੬॥		Chor Kee Niaaee Jam Pur Baadhhaa ||6||	Is bound like a thief, in the City of Death. ||6||	ਉਹ ਜਮ ਦੀ ਪੁਰੀ ਵਿਚ ਬੱਝਾ ਰਹਿੰਦਾ ਹੈ (ਉਹ ਆਤਮਕ ਮੌਤ ਦੇ ਪੰਜੇ ਵਿਚ ਫਸਿਆ ਦੁੱਖਾਂ ਦੀਆਂ ਚੋਟਾਂ ਸਹਾਰਦਾ ਰਹਿੰਦਾ ਹੈ) ਜਿਵੇਂ ਕੋਈ ਚੋਰ (ਸੰਨ੍ਹ ਤੋਂ ਫੜਿਆ ਮਾਰ ਖਾਂਦਾ ਹੈ) ॥੬॥
10544	240	ਲਾਖ ਅਡੰਬਰ ਬਹੁਤੁ ਬਿਸਥਾਰਾ॥	(ਅਡੰਬਰ) ਦਿਖਾਵਾ। (ਬਿਸਥਾਰਾ) ਫ਼ੈਲਾਉ	Laakh Addanbar Bahuth Bisathhaaraa ||	Hundreds of thousands of ostentatious shows and great expanses	(ਹੇ ਭਾਈ! ਦੁਨੀਆ ਵਿਚ ਇੱਜ਼ਤ ਬਣਾਈ ਰੱਖਣ ਦੇ) ਲੱਖਾਂ ਹੀ ਵਿਖਾਵੇ ਦੇ ਉੱਦਮ ਤੇ ਹੋਰ ਅਨੇਕਾਂ ਖਿਲਾਰੇ-
10545	240	ਨਾਮ ਬਿਨਾ ਝੂਠੇ ਪਾਸਾਰਾ॥੭॥	(ਪਾਸਾਰਾ) ਖਲਾਰਾ	Naam Binaa Jhoothae Paasaaraa ||7||	- without the Naam, all these displays are false. ||7||	ਇਹ ਸਾਰੇ ਹੀ ਪਰਮਾਤਮਾ ਦੇ ਨਾਮ ਤੋਂ ਬਿਨਾ ਵਿਅਰਥ ਖਿਲਾਰੇ ਹਨ ॥੭॥
10546	240	ਹਰਿ ਕਾ ਨਾਮੁ ਸੋਈ ਜਨੁ ਲੇਇ॥		Har Kaa Naam Soee Jan Laee ||	That humble being repeats the Name of the Lord,	(ਪਰ) ਉਹੀ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ,
10547	240	ਕਰਿ ਕਿਰਪਾ ਨਾਨਕ ਜਿਸੁ ਦੇਇ॥੮॥੧੦॥		Kar Kirapaa Naanak Jis Dhaee ||8||10||	O Nanak, whom the Lord blesses with His Mercy. ||8||10||	ਹੇ ਨਾਨਕ! ਜਿਸ ਨੂੰ ਪਰਮਾਤਮਾ ਆਪ ਕਿਰਪਾ ਕਰ ਕੇ (ਇਹ ਦਾਤਿ) ਦੇਂਦਾ ਹੈ ॥੮॥੧੦॥
10548	240	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
10549	240	ਆਦਿ ਮਧਿ ਜੋ ਅੰਤਿ ਨਿਬਾਹੈ॥	ਮਧਿ: ਪੋਲਾ ਬੋਲੋ	Aadh Madhh Jo Anth Nibaahai ||	My mind longs for that Friend,	(ਹੇ ਭਾਈ!) ਜੇਹੜਾ ਸਦਾ ਹੀ ਹਰ ਵੇਲੇ ਮਨੁੱਖ ਨਾਲ ਸਾਥ ਦੇਂਦਾ ਹੈ,

10550	240	ਸੋ ਸਾਜਨੁ ਮੇਰਾ ਮਨੁ ਚਾਹੈ॥੧॥		So Saajan Maeraa Man Chaahai ||1||	Who shall stand by me in the beginning, in the middle and in the end. ||1||	ਮੇਰਾ ਮਨ ਉਸ ਸੱਜਣ-ਪ੍ਰਭੂ ਨੂੰ (ਮਿਲਣਾ) ਲੋਚਦਾ ਹੈ ॥੧॥
10551	240	ਹਰਿ ਕੀ ਪ੍ਰੀਤਿ ਸਦਾ ਸੰਗਿ ਚਾਲੈ॥		Har Kee Preeth Sadhaa Sang Chaalai ||	The Lord's Love goes with us forever.	(ਹੇ ਭਾਈ!) ਪਰਮਾਤਮਾ ਨਾਲ ਜੋੜੀ ਹੋਈ ਪ੍ਰੀਤਿ ਸਦਾ ਮਨੁੱਖ ਦੇ ਨਾਲ ਸਾਥ ਦੇਂਦੀ ਹੈ।
10552	240	ਦਇਆਲ ਪੁਰਖ ਪੂਰਨ ਪ੍ਰਤਿਪਾਲੈ॥੧॥ਰਹਾਉ ॥		Dhaeiaal Purakh Pooran Prathipaalai ||1|| Rehaao ||	The Perfect and Merciful Lord cherishes all. ||1||Pause||	ਉਹ ਦਇਆ ਦਾ ਘਰ ਸਰਬ-ਵਿਆਪਕ ਤੇ ਸਭ ਗੁਣਾਂ ਦਾ ਮਾਲਕ ਪਰਮਾਤਮਾ (ਆਪਣੇ ਸੇਵਕ-ਭਗਤ ਦੀ ਸਦਾ) ਪਾਲਣਾ ਕਰਦਾ ਹੈ ॥੧॥ ਰਹਾਉ ॥
10553	240	ਬਿਨਸਤ ਨਾਹੀ ਛੋਡਿ ਨ ਜਾਇ॥		Binasath Naahee Shhodd N Jaae ||	He shall never perish, and He shall never abandon me.	ਨਾਹ ਉਹ ਪਰਮਾਤਮਾ ਕਦੇ ਮਰਦਾ ਹੈ, ਤੇ ਨਾਹ ਹੀ ਉਹ ਜੀਵਾਂ ਨੂੰ ਛੱਡ ਕੇ ਕਿਤੇ ਜਾਂਦਾ ਹੈ।
10554	240	ਜਹ ਪੇਖਾ ਤਹ ਰਹਿਆ ਸਮਾਇ॥੨॥		Jeh Paekhaa Theh Rehiaa Samaae ||2||	Wherever I look, there I see Him pervading and permeating. ||2||	(ਹੇ ਭਾਈ!) ਮੈਂ ਤਾਂ ਜਿਧਰ ਵੇਖਦਾ ਹਾਂ, ਓਧਰ ਹੀ ਹਰ ਥਾਂ ਪਰਮਾਤਮਾ ਮੌਜੂਦ ਹੈ ॥੨॥
10555	240	ਸੁੰਦਰੁ ਸੁਘੜੁ ਚਤੁਰੁ ਜੀਅ ਦਾਤਾ॥	(ਸੁਘੜੁ) ਸਿਆਣਾ	Sundhar Sugharr Chathur Jeea Dhaathaa ||	He is Beautiful, All-knowing, the most Clever, the Giver of life.	(ਹੇ ਭਾਈ!) ਪਰਮਾਤਮਾ ਸੋਹਣੇ ਸਰੂਪ ਵਾਲਾ ਹੈ, ਸੁਚੱਜਾ ਹੈ, ਸਿਆਣਾ, ਜਿੰਦ ਦੇਣ ਵਾਲਾ ਹੈ,
10556	240	ਭਾਈ ਪੂਤੁ ਪਿਤਾ ਪ੍ਰਭੁ ਮਾਤਾ॥੩॥		Bhaaee Pooth Pithaa Prabh Maathaa ||3||	God is my Brother, Son, Father and Mother. ||3||	ਉਹੀ ਸਾਡਾ (ਅਸਲ) ਭਰਾ ਹੈ, ਪੁੱਤਰ ਹੈ, ਪਿਤਾ ਹੈ, ਮਾਂ ਹੈ ॥੩॥

10557	240	ਜੀਵਨ ਪ੍ਰਾਨ ਅਧਾਰ ਮੇਰੀ ਰਾਸਿ॥		Jeevan Praan Adhhaar Maeree Raas ||	He is the Support of the breath of life; He is my Wealth.	(ਹੇ ਭਾਈ!) ਪਰਮਾਤਮਾ ਮੇਰੇ ਜੀਵਨ ਦਾ, ਮੇਰੀ ਜਿੰਦ ਦਾ ਆਸਰਾ ਹੈ, ਮੇਰੇ ਆਤਮਕ ਜੀਵਨ ਦੀ ਰਾਸਿ-ਪੂੰਜੀ ਹੈ।
10558	240	ਪ੍ਰੀਤਿ ਲਾਈ ਕਰਿ ਰਿਦੈ ਨਿਵਾਸਿ॥੪॥		Preeth Laaee Kar Ridhai Nivaas ||4||	Abiding within my heart, He inspires me to enshrine love for Him. ||4||	ਮੈਂ ਉਸ ਨੂੰ ਆਪਣੇ ਹਿਰਦੇ ਵਿਚ ਟਿਕਾ ਕੇ ਉਸ ਨਾਲ ਪ੍ਰੀਤਿ ਜੋੜੀ ਹੋਈ ਹੈ ॥੪॥
10559	240	ਮਾਇਆ ਸਿਲਕ ਕਾਟੀ ਗੋਪਾਲਿ॥	(ਸਿਲਕ) ਫਾਹੀ	Maaeiaa Silak Kaattee Gopaal ||	The Lord of the World has cut away the noose of Maya.	(ਹੇ ਭਾਈ!) ਸ੍ਰਿਸ਼ਟੀ ਦੇ ਰਾਖੇ ਉਸ ਪ੍ਰਭੂ ਨੇ ਮੇਰੀ ਮਾਇਆ (ਦੇ ਮੋਹ) ਦੀ ਫਾਹੀ ਕੱਟ ਦਿੱਤੀ ਹੈ।
10560	240	ਕਰਿ ਅਪੁਨਾ ਲੀਨੋ ਨਦਰਿ ਨਿਹਾਲਿ॥੫॥		Kar Apunaa Leeno Nadhar Nihaal ||5||	He has made me His own, blessing me with His Glance of Grace. ||5||	(ਮੇਰੇ ਵਲ) ਮਿਹਰ ਦੀ ਨਿਗਾਹ ਨਾਲ ਤੱਕ ਕੇ ਉਸ ਨੇ ਮੈਨੂੰ ਆਪਣਾ ਬਣਾ ਲਿਆ ਹੈ ॥੫॥
10561	240	ਸਿਮਰਿ ਸਿਮਰਿ ਕਾਟੇ ਸਭਿ ਰੋਗ॥		Simar Simar Kaattae Sabh Rog ||	Remembering, remembering Him in meditation, all diseases are healed.	(ਹੇ ਭਾਈ!) ਪਰਮਾਤਮਾ ਦਾ ਨਾਮ ਸਦਾ ਸਿਮਰ ਸਿਮਰ ਕੇ ਸਾਰੇ ਰੋਗ ਕੱਟੇ ਜਾ ਸਕਦੇ ਹਨ।
10562	240	ਚਰਣ ਧਿਆਨ ਸਰਬ ਸੁਖ ਭੋਗ॥੬॥		Charan Dhhiaan Sarab Sukh Bhog ||6||	Meditating on His Feet, all comforts are enjoyed. ||6||	ਪਰਮਾਤਮਾ ਦੇ ਚਰਨਾਂ ਵਿਚ ਸੁਰਤ ਜੋੜਨੀ ਹੀ (ਦੁਨੀਆ ਦੇ) ਸਾਰੇ ਸੁਖ ਹਨ, ਸਾਰੇ ਪਦਾਰਥਾਂ ਦੇ ਭੋਗ ਹਨ ॥੬॥

10563	240	ਪੂਰਨ ਪੁਰਖੁ ਨਵਤਨੁ ਨਿਤ ਬਾਲਾ॥	(ਨਵਤਨੁ)ਨਵੀਨ ਨਵੇਂ। (ਬੱਾਲਾ) ਵੱਡੇ ਬਲੀ	Pooran Purakh Navathan Nith Baalaa ||	The Perfect Primal Lord is Ever-fresh and Ever-young.	(ਹੇ ਭਾਈ!) ਪਰਮਾਤਮਾ ਸਾਰੇ ਗੁਣਾਂ ਦਾ ਮਾਲਕ ਹੈ, ਸਭ ਜੀਵਾਂ ਵਿਚ ਵਿਆਪਕ ਹੈ, ਉਹ ਸਦਾ ਨਵਾਂ ਹੈ, ਸਦਾ ਜਵਾਨ ਹੈ (ਉਹ ਪਿਆਰ ਕਰਨੋਂ ਕਦੇ ਅੱਕਦਾ ਨਹੀਂ ਤੇ ਕਦੇ ਥੱਕਦਾ ਨਹੀਂ।)
10564	240	ਹਰਿ ਅੰਤਰਿ ਬਾਹਰਿ ਸੰਗਿ ਰਖਵਾਲਾ॥੭॥		Har Anthar Baahar Sang Rakhavaalaa ||7||	The Lord is with me, inwardly and outwardly, as my Protector. ||7||	ਪਰਮਾਤਮਾ ਹਰੇਕ ਜੀਵ ਦੇ ਅੰਦਰ ਵੱਸਦਾ ਹੈ, ਸਾਰੇ ਜਗਤ ਵਿਚ ਹਰ ਥਾਂ ਵੱਸਦਾ ਹੈ, ਹਰੇਕ ਜੀਵ ਦੇ ਨਾਲ ਹੈ, ਤੇ ਸਭ ਜੀਵਾਂ ਦਾ ਰਾਖਾ ਹੈ ॥੭॥
10565	240	ਕਹੁ ਨਾਨਕ ਹਰਿ ਹਰਿ ਪਦੁ ਚੀਨ॥	(ਚੀਨ) ਜਾਣਿਆ	Kahu Naanak Har Har Padh Cheen ||	Says Nanak, that devotee who realizes the state of the Lord, Har,	ਨਾਨਕ ਆਖਦਾ ਹੈ- (ਜਿਸ ਨੂੰ ਪਰਮਾਤਮਾ ਆਪਣੇ ਨਾਮ ਦੀ ਦਾਤ ਦੇਂਦਾ ਹੈ ਉਹ) ਪਰਮਾਤਮਾ ਨਾਲ ਮਿਲਾਪ ਦੀ ਅਵਸਥਾ ਨੂੰ ਸਮਝ ਲੈਂਦਾ ਹੈ।
10566	240	ਸਰਬਸੁ ਨਾਮੁ ਭਗਤ ਕਉ ਦੀਨ॥੮॥੧੧॥	ਸਰਬਸੁ:ਪੋਲਾ ਬੋਲੋ ਮਿਲਵਾਂ। (ਸਰਬਸੁ) ਸਭ ਕੁੱਝ	Sarabas Naam Bhagath Ko Dheen ||8||11||	Har, is blessed with the treasure of the Naam. ||8||11||	ਪਰਮਾਤਮਾ ਆਪਣਾ ਨਾਮ ਆਪਣੇ ਭਗਤ ਨੂੰ ਦੇਂਦਾ ਹੈ, (ਭਗਤ ਵਾਸਤੇ ਉਸ ਦਾ ਨਾਮ ਹੀ ਦੁਨੀਆ ਦਾ) ਸਾਰਾ ਧਨ-ਪਦਾਰਥ ਹੈ ॥੮॥੧੧॥
10567	240	ਰਾਗੁ ਗਉੜੀ ਮਾਝ ਮਹਲਾ ੫		Raag Gourree Maajh Mehalaa 5	Raag Gauree Maajh, Fifth Mehl:	ਰਾਗ ਗਉੜੀ-ਮਾਝ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

10568	240	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
10569	240	ਖੋਜਤ ਫਿਰੇ ਅਸੰਖ ਅੰਤੁ ਨ ਪਾਰੀਆ॥		Khojath Firae Asankh Anth N Paareeaa ||	Countless are those who wander around searching for You, but they do not find Your limits.	ਅਣਗਿਣਤ ਜੀਵ ਢੂੰਢਦੇ ਫਿਰੇ ਹਨ, ਪਰ ਕਿਸੇ ਨੇ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਲੱਭਾ।
10570	240	ਸੇਈ ਹੋਏ ਭਗਤ ਜਿਨਾ ਕਿਰਪਾਰੀਆ॥੧॥		Saeee Hoeae Bhagath Jinaa Kirapaareeaa ||1||	They alone are Your devotees, who are blessed by Your Grace. ||1||	ਉਹੀ ਮਨੁੱਖ ਪਰਮਾਤਮਾ ਦੇ ਭਗਤ ਬਣ ਸਕਦੇ ਹਨ, ਜਿਨ੍ਹਾਂ ਉਤੇ ਉਸ ਦੀ ਕਿਰਪਾ ਹੁੰਦੀ ਹੈ ॥੧॥
10571	240	ਹਉ ਵਾਰੀਆ ਹਰਿ ਵਾਰੀਆ॥੧॥ਰਹਾਉ ॥		Ho Vaareeaa Har Vaareeaa ||1|| Rehaao ||	I am a sacrifice, I am a sacrifice to You. ||1||Pause||	ਮੈਂ ਕੁਰਬਾਨ ਹਾਂ, ਹਰੀ ਤੋਂ ਕੁਰਬਾਨ ਹਾਂ ॥੧॥ ਰਹਾਉ ॥
10572	240	ਸੁਣਿ ਸੁਣਿ ਪੰਥੁ ਡਰਾਉ ਬਹੁਤੁ ਭੈਹਾਰੀਆ॥	(ਡਰਾਉ) ਡਰਾਉਣਾ। (ਭੈ-ਹਾਰੀਆ) ਭੈ ਭੀਤ ਹੁੰਦਾ	Sun Sun Panthh Ddaraao Bahuth Bhaihaareeaa ||	Continually hearing of the terrifying path, I am so afraid.	ਮੁੜ ਮੁੜ ਇਹ ਸੁਣ ਕੇ ਕਿ ਜਗਤ-ਜੀਵਨ ਦਾ ਰਸਤਾ ਡਰਾਉਣਾ ਹੈ ਮੈਂ ਬਹੁਤ ਸਹਮਿਆ ਹੋਇਆ ਸਾਂ (ਕਿ ਮੈਂ ਕਿਵੇਂ ਇਹ ਸਫ਼ਰ ਤੈ ਕਰਾਂਗਾ);

10573	240	ਮੈ ਤਕੀ ਓਟ ਸੰਤਾਹ ਲੇਹੁ ਉਬਾਰੀਆ॥੨॥	ਤੱਕੀ	Mai Thakee Outt Santhaah Laehu Oubaareeaa ||2||	I have sought the Protection of the Saints; please, save me! ||2||	ਆਖ਼ਰ ਮੈਂ ਸੰਤਾਂ ਦਾ ਆਸਰਾ ਤੱਕਿਆ ਹੈ, (ਮੈਂ ਸੰਤ ਜਨਾਂ ਅੱਗੇ ਅਰਦਾਸ ਕਰਦਾ ਹਾਂ ਕਿ ਆਤਮਕ ਜੀਵਨ ਦੇ ਰਸਤੇ ਦੇ ਖ਼ਤਰਿਆਂ ਤੋਂ) ਮੈਨੂੰ ਬਚਾ ਲਵੋ ॥੨॥
10574	241	ਮੋਹਨ ਲਾਲ ਅਨੂਪ ਸਰਬ ਸਾਧਾਰੀਆ॥	(ਅਨੂਪ) ਸੁੰਦਰ। (ਸਾਧਾਰੀਆ) ਆਸਰਾ	Mohan Laal Anoop Sarab Saadhhaareeaa ||	The Fascinating and Beauteous Beloved is the Giver of support to all.	ਹੇ ਮਨ ਨੂੰ ਮੋਹ ਲੈਣ ਵਾਲੇ ਸੋਹਣੇ ਲਾਲ! ਹੇ ਸਭ ਜੀਵਾਂ ਦੇ ਆਸਰੇ ਪ੍ਰਭੂ!
10575	241	ਗੁਰ ਨਿਵਿ ਨਿਵਿ ਲਾਗਉ ਪਾਇ ਦੇਹੁ ਦਿਖਾਰੀਆ॥੩॥		Gur Niv Niv Laago Paae Dhaehu Dhikhaareeaa ||3||	I bow low and fall at the Feet of the Guru; if only I could see the Lord! ||3||	ਮੈਂ ਨਿਉਂ ਨਿਉਂ ਕੇ ਗੁਰੂ ਦੀ ਪੈਰੀਂ ਲੱਗਦਾ ਹਾਂ (ਤੇ ਗੁਰੂ ਅੱਗੇ ਬੇਨਤੀ ਕਰਦਾ ਹਾਂ ਕਿ ਮੈਨੂੰ ਤੇਰਾ) ਦਰਸਨ ਕਰਾ ਦੇਵੇ ॥੩॥
10576	241	ਮੈ ਕੀਏ ਮਿਤ੍ਰ ਅਨੇਕ ਇਕਸੁ ਬਲਿਹਾਰੀਆ॥		Mai Keeeae Mithr Anaek Eikas Balihaareeaa ||	I have made many friends, but I am a sacrifice to the One alone.	ਮੈਂ ਅਨੇਕਾਂ ਸਾਕ-ਸਨਬੰਧੀਆਂ ਨੂੰ ਆਪਣਾ ਮਿੱਤਰ ਬਣਾਇਆ (ਪਰ ਕਿਸੇ ਨਾਲ ਭੀ ਤੋੜ ਦਾ ਸਾਥ ਨਹੀਂ ਨਿਭਦਾ, ਹੁਣ ਮੈਂ) ਇਕ ਪਰਮਾਤਮਾ ਤੋਂ ਹੀ ਕੁਰਬਾਨ ਜਾਂਦਾ ਹਾਂ (ਉਹੀ ਨਾਲ ਨਿਭਣ ਵਾਲਾ ਸਾਥੀ ਹੈ)।

10577	241	ਸਭ ਗੁਣ ਕਿਸ ਹੀ ਨਾਹਿ ਹਰਿ ਪੂਰ ਭੰਡਾਰੀਆ॥੪॥		Sabh Gun Kis Hee Naahi Har Poor Bhanddaareeaa ||4||	No one has all virtues; the Lord alone is filled to overflowing with them. ||4||	ਸਾਰੇ ਗੁਣ (ਭੀ) ਹੋਰ ਕਿਸੇ ਵਿਚ ਨਹੀਂ ਹਨ, ਇਕ ਪਰਮਾਤਮਾ ਹੀ ਭਰੇ ਖ਼ਜ਼ਾਨਿਆਂ ਵਾਲਾ ਹੈ ॥੪॥
10578	241	ਚਹੁ ਦਿਸਿ ਜਪੀਐ ਨਾਉ ਸੂਖਿ ਸਵਾਰੀਆ॥		Chahu Dhis Japeeai Naao Sookh Savaareeaa ||	His Name is chanted in the four directions; those who chant it are embellished with peace.	(ਹੇ ਪ੍ਰਭੂ!) ਚੌਹੀਂ ਪਾਸੀਂ ਤੇਰਾ ਹੀ ਨਾਮ ਜਪਿਆ ਜਾ ਰਿਹਾ ਹੈ, (ਜੇਹੜਾ ਮਨੁੱਖ ਜਪਦਾ ਹੈ ਉਹ) ਸੁਖ-ਆਨੰਦ ਵਿਚ (ਰਹਿੰਦਾ ਹੈ ਉਸ ਦਾ ਜੀਵਨ) ਸੰਵਰ ਜਾਂਦਾ ਹੈ।
10579	241	ਮੈ ਆਹੀ ਓੜਿ ਤੁਹਾਰਿ ਨਾਨਕ ਬਲਿਹਾਰੀਆ॥੫॥	(ਆਹੀ) ਚਾਹੀ। (ਓੜਿ) ਓਟ	Mai Aahee Ourr Thuhaar Naanak Balihaareeaa ||5||	I seek Your Protection; Nanak is a sacrifice to You. ||5||	(ਹੇ ਪ੍ਰਭੂ!) ਮੈਂ ਤੇਰਾ ਆਸਰਾ ਤੱਕਿਆ ਹੈ। ਹੇ ਨਾਨਕ! (ਆਖ-) ਮੈਂ ਤੈਥੋਂ ਸਦਕੇ ਹਾਂ ॥੫॥
10580	241	ਗੁਰਿ ਕਾਢਿਓ ਭੁਜਾ ਪਸਾਰਿ ਮੋਹ ਕੂਪਾਰੀਆ॥	(ਭੁਜਾ) ਬਾਂਹ। (ਪਸਾਰਿ) ਖਿਲਾਰ ਕੇ। (ਕੂਪਾਰੀਆ) ਖੂਹ	Gur Kaadtiou Bhujaa Pasaar Moh Koopaareeaa ||	The Guru reached out to me, and gave me His Arm; He lifted me up, out of the pit of emotional attachment.	(ਹੇ ਭਾਈ!) ਗੁਰੂ ਨੇ ਮੈਨੂੰ ਬਾਂਹ ਖਿਲਾਰ ਕੇ ਮੋਹ ਦੇ ਖੂਹ ਵਿਚੋਂ ਕੱਢ ਲਿਆ ਹੈ।
10581	241	ਮੈ ਜੀਤਿਓ ਜਨਮੁ ਅਪਾਰੁ ਬਹੁਰਿ ਨ ਹਾਰੀਆ॥੬॥		Mai Jeethiou Janam Apaar Bahur N Haareeaa ||6||	I have won the incomparable life, and I shall not lose it again. ||6||	(ਉਸ ਦੀ ਬਰਕਤਿ ਨਾਲ) ਮੈਂ ਕੀਮਤੀ ਮਨੁੱਖਾ ਜਨਮ (ਦੀ ਬਾਜ਼ੀ) ਜਿੱਤ ਲਈ ਹੈ, ਮੁੜ ਮੈਂ (ਮੋਹ ਦੇ ਟਾਕਰੇ ਤੇ) ਬਾਜ਼ੀ ਨਹੀਂ ਹਾਰਾਂਗਾ ॥੬॥

10582	241	ਮੈ ਪਾਇਓ ਸਰਬ ਨਿਧਾਨੁ ਅਕਥੁ ਕਥਾਰੀਆ॥	ਅ-ਕਥੁ: ਪੋਲਾ ਬੋਲੋ	Mai Paaeiou Sarab Nidhhaan Akathh Kathhaareeaa ||	I have obtained the treasure of all; His Speech is unspoken and subtle.	(ਗੁਰੂ ਦੀ ਕਿਰਪਾ ਨਾਲ) ਮੈਂ ਸਾਰੇ ਗੁਣਾਂ ਦਾ ਖ਼ਜ਼ਾਨਾ ਉਹ ਪਰਮਾਤਮਾ ਲੱਭ ਲਿਆ ਹੈ, ਜਿਸ ਦੀਆਂ ਸਿਫ਼ਤ-ਸਾਲਾਹ ਦੀਆਂ ਕਹਾਣੀਆਂ ਬਿਆਨ ਨਹੀਂ ਕੀਤੀਆਂ ਜਾ ਸਕਦੀਆਂ।
10583	241	ਹਰਿ ਦਰਗਹ ਸੋਭਾਵੰਤ ਬਾਹ ਲੁਡਾਰੀਆ॥੭॥	ਬਾਂਹ (ਲੁਡਾਰੀਆ) ਹੁਲਾਰ ਕੇ ਬੇਪਰਵਾਹੀ ਨਾਲ	Har Dharageh Sobhaavanth Baah Luddaareeaa ||7||	In the Court of the Lord, I am honored and glorified; I swing my arms in joy. ||7||	(ਜੇਹੜੇ ਮਨੁੱਖ ਸਰਬ-ਨਿਧਾਨ ਪ੍ਰਭੂ ਨੂੰ ਮਿਲ ਪੈਂਦੇ ਹਨ) ਉਹ ਉਸ ਦੀ ਦਰਗਾਹ ਵਿਚ ਸੋਭਾ ਹਾਸਲ ਕਰ ਲੈਂਦੇ ਹਨ, ਉਹ ਉਥੇ ਬਾਂਹ ਹੁਲਾਰ ਕੇ ਤੁਰਦੇ ਹਨ (ਮੌਜ-ਆਨੰਦ ਵਿਚ ਰਹਿੰਦੇ ਹਨ) ॥੭॥
10584	241	ਜਨ ਨਾਨਕ ਲਧਾ ਰਤਨੁ ਅਮੋਲੁ ਅਪਾਰੀਆ॥	(ਲੱਧਾ) ਲੱਭਾ	Jan Naanak Ladhhaa Rathan Amol Apaareeaa ||	Servant Nanak has received the invaluable and incomparable jewel.	ਹੇ ਦਾਸ ਨਾਨਕ! (ਆਖ-ਜਿਨ੍ਹਾਂ ਨੇ ਗੁਰੂ ਦਾ ਪੱਲਾ ਫੜਿਆ ਉਹਨਾਂ ਨੇ) ਪਰਮਾਤਮਾ ਦਾ ਬੇਅੰਤ ਕੀਮਤੀ ਨਾਮ-ਰਤਨ ਹਾਸਲ ਕਰ ਲਿਆ।
10585	241	ਗੁਰ ਸੇਵਾ ਭਉਜਲੁ ਤਰੀਐ ਕਹਉ ਪੁਕਾਰੀਆ॥੮॥੧੨॥		Gur Saevaa Bhoujal Thareeai Keho Pukaareeaa ||8||12||	Serving the Guru, I cross over the terrifying world-ocean; I proclaim this loudly to all. ||8||12||	(ਹੇ ਭਾਈ!) ਮੈਂ ਪੁਕਾਰ ਕੇ ਆਖਦਾ ਹਾਂ ਕਿ ਗੁਰੂ ਦੀ ਸਰਨ ਪਿਆਂ ਸੰਸਾਰ-ਸਮੁੰਦਰ ਤੋਂ (ਬੇ-ਦਾਗ਼ ਰਹਿ ਕੇ) ਪਾਰ ਲੰਘ ਜਾਈਦਾ ਹੈ ॥੮॥੧੨॥
10586	241	ਗਉੜੀ ਮਹਲਾ ੫		Gourree Mehalaa 5	Gauree, Fifth Mehl:	ਰਾਗ ਗਉੜੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

10587	241	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
10588	241	ਨਾਰਾਇਣ ਹਰਿ ਰੰਗ ਰੰਗੋ॥		Naaraaein Har Rang Rango ||	Dye yourself in the color of the Lord's Love.	(ਹੇ ਭਾਈ!) ਹਰੀ-ਪਰਮਾਤਮਾ ਦੇ ਪਿਆਰ-ਰੰਗ ਵਿਚ ਆਪਣੇ ਮਨ ਨੂੰ ਰੰਗ।
10589	241	ਜਪਿ ਜਿਹਵਾ ਹਰਿ ਏਕ ਮੰਗੋ॥੧॥ਰਹਾਉ॥		Jap Jihavaa Har Eaek Mango ||1|| Rehaao ||	Chant the Name of the One Lord with your tongue, and ask for Him alone. ||1||Pause||	ਆਪਣੀ ਜੀਭ ਨਾਲ ਪਰਮਾਤਮਾ ਦਾ ਨਾਮ ਜਪ, ਹਰੀ ਦੇ ਦਰ ਤੋਂ ਉਸ ਦਾ ਨਾਮ ਮੰਗ ॥੧॥ ਰਹਾਉ ॥
10590	241	ਤਜਿ ਹਉਮੈ ਗੁਰ ਗਿਆਨ ਭਜੋ॥		Thaj Houmai Gur Giaan Bhajo ||	Renounce your ego, and dwell upon the spiritual wisdom of the Guru.	(ਹੇ ਭਾਈ!) ਗੁਰੂ ਦੇ ਬਖ਼ਸ਼ੇ ਗਿਆਨ ਦੀ ਬਰਕਤਿ ਨਾਲ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ ਪਰਮਾਤਮਾ ਦਾ ਨਾਮ ਸਿਮਰ।
10591	241	ਮਿਲਿ ਸੰਗਤਿ ਧੁਰਿ ਕਰਮ ਲਿਖਿਓ॥੧॥		Mil Sangath Dhhur Karam Likhiou ||1||	Those who have such pre-ordained destiny, join the Sangat, the Holy Congregation. ||1||	ਜਿਸ ਮਨੁੱਖ ਦੇ ਮੱਥੇ ਉਤੇ ਧੁਰ ਦਰਗਾਹੋਂ ਬਖ਼ਸ਼ਸ਼ ਦਾ ਲੇਖ ਲਿਖਿਆ ਜਾਂਦਾ ਹੈ, ਉਹ ਸਾਧ ਸੰਗਤਿ ਵਿਚ ਮਿਲ ਕੇ (ਹਉਮੈ ਦੂਰ ਕਰਦਾ ਹੈ ਤੇ ਹਰਿ-ਨਾਮ ਜਪਦਾ ਹੈ) ॥੧॥
10592	241	ਜੋ ਦੀਸੈ ਸੋ ਸੰਗਿ ਨ ਗਇਓ॥		Jo Dheesai So Sang N Gaeiou ||	Whatever you see, shall not go with you.	(ਹੇ ਭਾਈ! ਜਗਤ ਵਿਚ ਅੱਖੀਂ) ਜੋ ਕੁਝ ਦਿੱਸ ਰਿਹਾ ਹੈ, ਇਹ ਕਿਸੇ ਦੇ ਭੀ ਨਾਲ ਨਹੀਂ ਜਾਂਦਾ,

10593	241	ਸਾਕਤੁ ਮੂੜੁ ਲਗੇ ਪਚਿ ਮੁਇਓ॥੨॥		Saakath Moorr Lagae Pach Mueiou ||2||	The foolish, faithless cynics are attached - they waste away and die. ||2||	ਪਰ ਮੂਰਖ ਮਾਇਆ-ਵੇੜ੍ਹਿਆ ਮਨੁੱਖ (ਇਸ ਦਿੱਸਦੇ ਪਿਆਰ ਵਿਚ) ਲੱਗ ਕੇ ਖ਼ੁਆਰ ਹੋ ਕੇ ਆਤਮਕ ਮੌਤ ਸਹੇੜਦਾ ਹੈ ॥੨॥
10594	241	ਮੋਹਨ ਨਾਮੁ ਸਦਾ ਰਵਿ ਰਹਿਓ॥	(ਰਵਿ) ਵਿਆਪ	Mohan Naam Sadhaa Rav Rehiou ||	The Name of the Fascinating Lord is all-pervading forever.	(ਹੇ ਭਾਈ!) ਮੋਹਨ-ਪ੍ਰਭੂ ਦਾ ਨਾਮ, ਜੋ ਸਦਾ ਹਰ ਥਾਂ ਵਿਆਪ ਰਿਹਾ ਹੈ,
10595	241	ਕੋਟਿ ਮਧੇ ਕਿਨੈ ਗੁਰਮੁਖਿ ਲਹਿਓ॥੩॥	ਮਧੇ:ਪੋਲਾ ਬੋਲੋ। (ਮਧੇ) ਵਿੱਚੋਂ	Kott Madhhae Kinai Guramukh Lehiou ||3||	Among millions, how rare is that Gurmukh who attains the Name. ||3||	ਕ੍ਰੋੜਾਂ ਵਿਚੋਂ ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਪ੍ਰਾਪਤ ਕੀਤਾ ਹੈ ॥੩॥
10596	241	ਹਰਿ ਸੰਤਨ ਕਰਿ ਨਮੋ ਨਮੋ॥		Har Santhan Kar Namo Namo ||	Greet the Lord's Saints humbly, with deep respect.	(ਹੇ ਭਾਈ!) ਪਰਮਾਤਮਾ ਦੇ ਸੇਵਕ ਸੰਤ ਜਨਾਂ ਨੂੰ ਸਦਾ ਸਦਾ ਨਮਸਕਾਰ ਕਰਦਾ ਰਹੁ,
10597	241	ਨਉ ਨਿਧਿ ਪਾਵਹਿ ਅਤੁਲੁ ਸੁਖੋ॥੪॥	ਅ-ਤੁੱਲੁ	No Nidhh Paavehi Athul Sukho ||4||	You shall obtain the nine treasures, and receive infinite peace. ||4||	ਤੂੰ ਬੇਅੰਤ ਸੁਖ ਪਾਏਂਗਾ , ਤੈਨੂੰ ਉਹ ਨਾਮ ਮਿਲ ਜਾਏਗਾ ਜੋ, ਮਾਨੋ, ਧਰਤੀ ਦੇ ਨੌ ਹੀ ਖ਼ਜ਼ਾਨੇ ਹੈ ॥੪॥
10598	241	ਨੈਨ ਅਲੋਵਉ ਸਾਧ ਜਨੋ॥	(ਅਲੋਵਉ) ਦੇਖਣ	Nain Alovo Saadhh Jano ||	With your eyes, behold the holy people;	ਹੇ ਸਾਧ ਜਨੋ! (ਮੇਰੀ ਤਾਂ ਇਹੀ ਅਰਦਾਸ ਹੈ ਕਿ) ਮੈਂ ਆਪਣੀਆਂ ਅੱਖਾਂ ਨਾਲ (ਉਹਨਾਂ ਦਾ) ਦਰਸਨ ਕਰਦਾ ਰਹਾਂ (ਜੋ ਨਾਮ ਜਪਦੇ ਹਨ।)
10599	241	ਹਿਰਦੈ ਗਾਵਹੁ ਨਾਮ ਨਿਧੋ॥੫॥	(ਨਿਧੋ) ਖਜ਼ਾਨਾ	Hiradhai Gaavahu Naam Nidhho ||5||	In your heart, sing the treasure of the Naam. ||5||	ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਗਾਂਦੇ ਰਹੋ ਜੋ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ ॥੫॥

10600	241	ਕਾਮ ਕ੍ਰੋਧ ਲੋਭੁ ਮੋਹੁ ਤਜੋ॥		Kaam Krodhh Lobh Mohu Thajo ||	Abandon sexual desire, anger, greed and emotional attachment.	(ਹੇ ਭਾਈ! ਆਪਣੇ ਮਨ ਵਿਚੋਂ) ਕਾਮ, ਕ੍ਰੋਧ, ਲੋਭ ਤੇ ਮੋਹ ਦੂਰ ਕਰੋ।
10601	241	ਜਨਮ ਮਰਨ ਦੁਹੁ ਤੇ ਰਹਿਓ॥੬॥		Janam Maran Dhuhu Thae Rehiou ||6||	Thus you shall be rid of both birth and death. ||6||	(ਜੇਹੜਾ ਮਨੁੱਖ ਇਹਨਾਂ ਵਿਕਾਰਾਂ ਨੂੰ ਮਿਟਾਂਦਾ ਹੈ) ਉਹ ਜਨਮ ਅਤੇ ਮਰਨ ਦੋਹਾਂ (ਦੇ ਗੇੜ) ਤੋਂ ਬਚ ਜਾਂਦਾ ਹੈ ॥੬॥
10602	241	ਦੂਖੁ ਅੰਧੇਰਾ ਘਰ ਤੇ ਮਿਟਿਓ॥		Dhookh Andhhaeraa Ghar Thae Mittiou ||	Pain and darkness shall depart from your home,	(ਹੇ ਭਾਈ!) ਉਸ ਦੇ ਹਿਰਦੇ-ਘਰ ਵਿਚੋਂ ਦੁਖ ਤੇ ਹਨੇਰਾ ਮਿਟ ਜਾਂਦਾ ਹੈ,
10603	241	ਗੁਰਿ ਗਿਆਨੁ ਦ੍ਰਿੜਾਇਓ ਦੀਪ ਬਲਿਓ॥੭॥		Gur Giaan Dhrirraaeiou Dheep Baliou ||7||	When the Guru implants spiritual wisdom within you, and lights that lamp. ||7||	ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਨੇ ਪਰਮਾਤਮਾ ਨਾਲ ਡੂੰਘੀ ਸਾਂਝ ਪੱਕੀ ਕਰ ਦਿੱਤੀ। ਉਸ ਦੇ ਅੰਦਰ (ਆਤਮਕ ਸੂਝ ਦਾ) ਦੀਵਾ ਜਗ ਪੈਂਦਾ ਹੈ ॥੭॥
10604	241	ਜਿਨਿ ਸੇਵਿਆ ਸੋ ਪਾਰਿ ਪਰਿਓ॥		Jin Saeviaa So Paar Pariou ||	One who serves the Lord crosses over to the other side.	ਜਿਸ ਮਨੁੱਖ ਨੇ ਪਰਮਾਤਮਾ ਦਾ ਸਿਮਰਨ ਕੀਤਾ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ।
10605	241	ਜਨ ਨਾਨਕ ਗੁਰਮੁਖਿ ਜਗਤੁ ਤਰਿਓ॥੮॥੧॥੧੩॥	ਜੱਗ-ਤੁ	Jan Naanak Guramukh Jagath Thariou ||8||1||13||	O servant Nanak, the Gurmukh saves the world. ||8||1||13||	ਹੇ ਦਾਸ ਨਾਨਕ! (ਆਖ-) ਗੁਰੂ ਦੀ ਸਰਨ ਪੈ ਕੇ ਜਗਤ (ਸੰਸਾਰ-ਸਮੁੰਦਰ ਨੂੰ) ਤਰ ਜਾਂਦਾ ਹੈ ॥੮॥੧॥੧੩॥

10606	241	ਮਹਲਾ ੫ ਗਉੜੀ॥		Mehalaa 5 Gourree ||	Fifth Mehl, Gauree:	
10607	241	ਹਰਿ ਹਰਿ ਗੁਰੁ ਗੁਰੁ ਕਰਤ ਭਰਮ ਗਏ॥		Har Har Gur Gur Karath Bharam Geae ||	Dwelling upon the Lord, Har, Har, and the Guru, the Guru, my doubts have been dispelled.	(ਹੇ ਭਾਈ!) ਪਰਮਾਤਮਾ ਦਾ ਨਾਮ ਸਿਮਰਦਿਆਂ, ਗੁਰੂ ਗੁਰੂ ਕਰਦਿਆਂ ਮੇਰੇ ਮਨ ਦੀਆਂ ਸਾਰੀਆਂ ਭਟਕਣਾਂ ਦੂਰ ਹੋ ਗਈਆਂ ਹਨ,
10608	241	ਮੇਰੈ ਮਨਿ ਸਭਿ ਸੁਖ ਪਾਇਓ॥੧॥ਰਹਾਉ॥		Maerai Man Sabh Sukh Paaeiou ||1|| Rehaao ||	My mind has obtained all comforts. ||1||Pause||	ਤੇ ਮੇਰੇ ਮਨ ਨੇ ਸਾਰੇ ਹੀ ਸੁਖ ਪ੍ਰਾਪਤ ਕਰ ਲਏ ਹਨ ॥੧॥ ਰਹਾਉ ॥
10609	241	ਬਲਤੋ ਜਲਤੋ ਤਉਕਿਆ ਗੁਰ ਚੰਦਨੁ ਸੀਤਲਾਇਓ॥੧॥	ਗੁਰ ਉਦੇਸ ਰੂਪੀ ਚੰਦਨੁ (ਤਉੱਕਿਆ) ਛਿੜਕਿਆ	Balatho Jalatho Thoukiaa Gur Chandhan Seethalaaeiou ||1||	I was burning, on fire, and the Guru poured water on me; He is cooling and soothing, like the sandalwood tree. ||1||	(ਹੇ ਭਾਈ! ਮਨ ਵਿਕਾਰਾਂ ਵਿਚ) ਸੜ ਰਿਹਾ ਸੀ, ਬਲ ਰਿਹਾ ਸੀ, (ਜਦੋਂ) ਗੁਰੂ ਦਾ ਸ਼ਬਦ-ਚੰਦਨ (ਘਸਾ ਕੇ ਇਸ ਤੇ) ਛਿਣਕਿਆ ਤਾਂ ਇਹ ਮਨ ਠੰਢਾ-ਠਾਰ ਹੋ ਗਿਆ ॥੧॥
10610	241	ਅਗਿਆਨ ਅੰਧੇਰਾ ਮਿਟਿ ਗਇਆ ਗੁਰ ਗਿਆਨੁ ਦੀਪਾਇਓ॥੨॥		Agiaan Andhhaeraa Mitt Gaeiaa Gur Giaan Dheepaaeiou ||2||	The darkness of ignorance has been dispelled; the Guru has lit the lamp of spiritual wisdom. ||2||	(ਹੇ ਭਾਈ!) ਜਦੋਂ ਗੁਰੂ ਦਾ ਬਖ਼ਸ਼ਿਆ ਗਿਆਨ (ਮਨ ਵਿਚ) ਰੌਸ਼ਨ ਹੋਇਆ ਤਾਂ (ਮਨ ਵਿਚੋਂ) ਅਗਿਆਨ ਦਾ ਹਨੇਰਾ ਦੂਰ ਹੋ ਗਿਆ ॥੨॥

10611	241	ਪਾਵਕੁ ਸਾਗਰੁ ਗਹਰੋ ਚਰਿ ਸੰਤਨ ਨਾਵ ਤਰਾਇਓ॥੩॥	(ਪਾਵਕੁ) ਅੱਗ। (ਗਹਰੋ) ਡੂੰਘਾ। ਚਰ੍ਹਿ	Paavak Saagar Geharo Char Santhan Naav Tharaaeiou ||3||	The ocean of fire is so deep; the Saints have crossed over, in the boat of the Lord's Name. ||3||	(ਹੇ ਭਾਈ!) ਇਹ ਡੂੰਘਾ ਸੰਸਾਰ-ਸਮੁੰਦਰ (ਵਿਕਾਰਾਂ ਦੀ ਤਪਸ਼ ਨਾਲ) ਅੱਗ (ਹੀ ਅੱਗ ਬਣਿਆ ਪਿਆ ਸੀ) ਮੈਂ ਸਾਧ-ਸੰਗਤਿ-ਬੇੜੀ ਵਿਚ ਚੜ੍ਹ ਕੇ ਇਸ ਤੋਂ ਪਾਰ ਲੰਘ ਆਇਆ ਹਾਂ ॥੩॥
10612	241	ਨਾ ਹਮ ਕਰਮ ਨ ਧਰਮ ਸੁਚ ਪ੍ਰਭਿ ਗਹਿ ਭੁਜਾ ਆਪਾਇਓ॥੪॥		Naa Ham Karam N Dhharam Such Prabh Gehi Bhujaa Aapaaeiou ||4||	I have no good karma; I have no Dharmic faith or purity. But God has taken me by the arm, and made me His own. ||4||	(ਹੇ ਭਾਈ!) ਮੇਰੇ ਪਾਸ ਨਾਹ ਕੋਈ ਕਰਮ ਨਾਹ ਧਰਮ ਨਾਹ ਪਵਿਤ੍ਰਤਾ (ਆਦਿਕ ਰਾਸਿ-ਪੂੰਜੀ) ਸੀ, ਪ੍ਰਭੂ ਨੇ ਮੇਰੀ ਬਾਂਹ ਫੜ ਕੇ (ਆਪ ਹੀ ਮੈਨੂੰ) ਆਪਣਾ (ਦਾਸ) ਬਣਾ ਲਿਆ ਹੈ ॥੪॥
10613	241	ਭਉ ਖੰਡਨੁ ਦੁਖ ਭੰਜਨੋ ਭਗਤਿ ਵਛਲ ਹਰਿ ਨਾਇਓ॥੫॥	(ਵਛਲ) ਪਿਆਰੇ	Bho Khanddan Dhukh Bhanjano Bhagath Vashhal Har Naaeiou ||5||	The Destroyer of fear, the Dispeller of pain, the Lover of His Saints - these are the Names of the Lord. ||5||	(ਹੇ ਭਾਈ!) ਭਗਤੀ ਨਾਲ ਪਿਆਰ ਕਰਨ ਵਾਲੇ ਹਰੀ ਦਾ ਉਹ ਨਾਮ ਜੋ ਹਰੇਕ ਕਿਸਮ ਦਾ ਡਰ ਤੇ ਦੁੱਖ ਨਾਸ ਕਰਨ ਦੇ ਸਮਰੱਥ ਹੈ (ਮੈਨੂੰ ਉਸ ਦੀ ਆਪਣੀ ਮਿਹਰ ਨਾਲ ਹੀ ਮਿਲ ਗਿਆ ਹੈ) ॥੫॥
10614	241	ਅਨਾਥਹ ਨਾਥ ਕ੍ਰਿਪਾਲ ਦੀਨ ਸੰਮ੍ਰਿਥ ਸੰਤ ਓਟਾਇਓ॥੬॥	ਸੰਮ੍ਰਿਥ	Anaathheh Naathh Kirapaal Dheen Sanmrithh Santh Outtaaeiou ||6||	He is the Master of the masterless, Merciful to the meek, All-powerful, the Support of His Saints. ||6||	ਹੇ ਅਨਾਥਾਂ ਦੇ ਨਾਥ! ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਹੇ ਸੰਤਾਂ ਦੇ ਸਹਾਰੇ! ਹੇ ਪ੍ਰਭੂ ਪਾਤਿਸ਼ਾਹ! ॥੬॥

10615	241	ਨਿਰਗੁਨੀਆਰੇ ਕੀ ਬੇਨਤੀ ਦੇਹੁ ਦਰਸੁ ਹਰਿ ਰਾਇਓ॥੭॥		Niraguneeaarae Kee Baenathee Dhaehu Dharas Har Raaeiou ||7||	I am worthless - I offer this prayer, O my Lord King: ""Please, grant me the Blessed Vision of Your Darshan.""||7||	ਮੇਰੀ ਗੁਣ-ਹੀਨ ਦੀ ਬੇਨਤੀ ਸੁਣ, ਮੈਨੂੰ ਆਪਣਾ ਦਰਸਨ ਦੇਹ ॥੭॥
10616	241	ਨਾਨਕ ਸਰਨਿ ਤੁਹਾਰੀ ਠਾਕੁਰ ਸੇਵਕੁ ਦੁਆਰੈ ਆਇਓ॥੮॥੨॥੧੪॥		Naanak Saran Thuhaaree Thaakur Saevak Dhuaarai Aaeiou ||8||2||14||	Nanak has come to Your Sanctuary, O my Lord and Master; Your servant has come to Your Door. ||8||2||14||	ਹੇ ਨਾਨਕ! (ਅਰਦਾਸ ਕਰ, ਤੇ ਆਖ-) ਹੇ ਠਾਕੁਰ! ਮੈਂ ਤੇਰਾ ਸੇਵਕ ਤੇਰੀ ਸਰਨ ਆਇਆ ਹਾਂ, ਤੇਰੇ ਦਰ ਤੇ ਆਇਆ ਹਾਂ ॥੮॥੨॥੧੪॥
10617	242	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
10618	242	ਰੰਗ ਸੰਗਿ ਬਿਖਿਆ ਕੇ ਭੋਗਾ ਇਨ ਸੰਗਿ ਅੰਧ ਨ ਜਾਨੀ॥੧॥		Rang Sang Bikhiaa Kae Bhogaa Ein Sang Andhh N Jaanee ||1||	He is immersed in the enjoyment of corrupt pleasures; engrossed in them, the blind fool does not understand. ||1||	ਮੌਜਾਂ ਨਾਲ ਮਾਇਆ ਦੇ ਭੋਗ (ਮਨੁੱਖ ਭੋਗਦਾ ਰਹਿੰਦਾ ਹੈ), (ਮਾਇਆ ਦੇ ਮੋਹ ਵਿਚ) ਅੰਨ੍ਹਾ ਹੋਇਆ ਮਨੁੱਖ ਇਹਨਾਂ ਭੋਗਾਂ ਵਿਚ ਰੁੱਝਾ ਹੋਇਆ ਸਮਝਦਾ ਨਹੀਂ (ਕਿ ਉਮਰ ਵਿਅਰਥ ਗੁਜ਼ਰ ਰਹੀ ਹੈ) ॥੧॥
10619	242	ਹਉ ਸੰਚਉ ਹਉ ਖਾਟਤਾ ਸਗਲੀ ਅਵਧ ਬਿਹਾਨੀ॥ਰਹਾਉ॥	(ਸੰਚਉ) ਇਕੱਠੀ ਕਰਦਾ। (ਅਵਧ) ਉਮਰ। (ਬਿਹਾਨੀ) ਬਤੀਤ ਹੋਈ	Ho Sancho Ho Khaattathaa Sagalee Avadhh Bihaanee || Rehaao ||	"I am earning profits, I am getting rich", he says, as his life passes away. ||Pause||	ਮੈਂ ਮਾਇਆ ਜੋੜ ਰਿਹਾ ਹਾਂ, ਮੈਂ ਮਾਇਆ ਖੱਟਦਾ ਹਾਂ-(ਇਹਨਾਂ ਹੀ ਖ਼ਿਆਲਾਂ ਵਿਚ ਅੰਨ੍ਹੇ ਹੋਏ ਮਨੁੱਖ ਦੀ) ਸਾਰੀ ਹੀ ਉਮਰ ਗੁਜ਼ਰ ਜਾਂਦੀ ਹੈ।ਰਹਾਉ।

10620	242	ਹਉ ਸੂਰਾ ਪਰਧਾਨੁ ਹਉ ਕੋ ਨਾਹੀ ਮੁਝਹਿ ਸਮਾਨੀ॥੨॥		Ho Sooraa Paradhhaan Ho Ko Naahee Mujhehi Samaanee ||2||	"I am a hero, I am famous and distinguished; no one is equal to me."||2||	ਮੈਂ ਸੂਰਮਾ ਹਾਂ, ਮੈਂ ਚੌਧਰੀ ਹਾਂ, ਕੋਈ ਮੇਰੇ ਬਰਾਬਰ ਦਾ ਨਹੀਂ ਹੈ ॥੨॥
10621	242	ਜੋਬਨਵੰਤ ਅਚਾਰ ਕੁਲੀਨਾ ਮਨ ਮਹਿ ਹੋਇ ਗੁਮਾਨੀ॥੩॥		Jobanavanth Achaar Kuleenaa Man Mehi Hoe Gumaanee ||3||	"I am young, cultured, and born of a good family." In his mind, he is proud and arrogant like this. ||3||	ਮੈਂ ਸੋਹਣਾ ਹਾਂ, ਮੈਂ ਉੱਚੇ ਆਚਰਨ ਵਾਲਾ ਹਾਂ, ਮੈਂ ਉੱਚੀ ਕੁਲ ਵਾਲਾ ਹਾਂ-(ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮਨੁੱਖ ਆਪਣੇ) ਮਨ ਵਿਚ ਇਉਂ ਅਹੰਕਾਰੀ ਹੁੰਦਾ ਹੈ ॥੩॥
10622	242	ਜਿਉ ਉਲਝਾਇਓ ਬਾਧ ਬੁਧਿ ਕਾਮ ਰਤਿਆ ਨਹੀ ਬਿਸਰਾਨੀ॥੪॥	(ਬਾਧ) ਨਾਸ ਕਰਨ ਵਾਲੀ। ਰੱਤਿਆ	Jio Oulajhaaeiou Baadhh Budhh Kaa Marathiaa Nehee Bisaraanee ||4||	He is trapped by his false intellect, and he does not forget this until he dies. ||4||	(ਮਾਇਆ ਦੇ ਮੋਹ ਵਿਚ) ਮਾਰੀ ਹੋਈ ਮਤਿ ਵਾਲਾ ਮਨੁੱਖ ਜਿਵੇਂ (ਜਵਾਨੀ ਸਮੇ ਮਾਇਆ ਦੇ ਮੋਹ ਵਿਚ) ਫਸਿਆ ਰਹਿੰਦਾ ਹੈ, ਮਰਨ ਵੇਲੇ ਭੀ ਉਸ ਨੂੰ ਇਹ ਮਾਇਆ ਨਹੀਂ ਭੁੱਲਦੀ ॥੪॥
10623	242	ਭਾਈ ਮੀਤ ਬੰਧਪ ਸਖੇ ਪਾਛੇ ਤਿਨਹੂ ਕਉ ਸੰਪਾਨੀ॥੫॥	(ਸੰਪਾਨੀ) ਸੌਂਪੀ	Bhaaee Meeth Bandhhap Sakhae Paashhae Thinehoo Ko Sanpaanee ||5||	Brothers, friends, relatives and companions who live after him - he entrusts his wealth to them. ||5||	ਭਰਾ, ਮਿੱਤਰ, ਰਿਸ਼ਤੇਦਾਰ, ਸਾਥੀ-ਮਰਨ ਤੋਂ ਪਿੱਛੋਂ ਆਖ਼ਰ ਇਹਨਾਂ ਨੂੰ ਹੀ (ਆਪਣੀ ਸਾਰੀ ਉਮਰ ਦੀ ਇਕੱਠੀ ਕੀਤੀ ਹੋਈ ਮਾਇਆ) ਸੌਂਪ ਜਾਂਦਾ ਹੈ ॥੫॥

10624	242	ਜਿਤੁ ਲਾਗੋ ਮਨੁ ਬਾਸਨਾ ਅੰਤਿ ਸਾਈ ਪ੍ਰਗਟਾਨੀ॥੬॥		Jith Laago Man Baasanaa Anth Saaee Pragattaanee ||6||	That desire, to which the mind is attached, at the last moment, becomes manifest. ||6||	ਜਿਸ ਵਾਸਨਾ ਵਿਚ ਮਨੁੱਖ ਦਾ ਮਨ (ਸਾਰੀ ਉਮਰ) ਲੱਗਾ ਰਹਿੰਦਾ ਹੈ, ਆਖ਼ਿਰ ਮੌਤ ਵੇਲੇ ਉਹੀ ਵਾਸਨਾ ਆਪਣਾ ਜ਼ੋਰ ਪਾਂਦੀ ਹੈ ॥੬॥
10625	242	ਅਹੰਬੁਧਿ ਸੁਚਿ ਕਰਮ ਕਰਿ ਇਹ ਬੰਧਨ ਬੰਧਾਨੀ॥੭॥		Ahanbudhh Such Karam Kar Eih Bandhhan Bandhhaanee ||7||	He may perform religious deeds, but his mind is egotistical, and he is bound by these bonds. ||7||	ਹਉਮੈ ਦੇ ਆਸਰੇ (ਸਰੀਰਕ ਪਵਿੱਤ੍ਰਤਾ ਤੇ ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ ਧਾਰਮਿਕ) ਕਰਮ ਕਰ ਕਰ ਕੇ ਇਹਨਾਂ ਦੇ ਬੰਧਨਾਂ ਵਿਚ ਹੀ ਬੱਝਾ ਰਹਿੰਦਾ ਹੈ ॥੭॥
10626	242	ਦਇਆਲ ਪੁਰਖ ਕਿਰਪਾ ਕਰਹੁ ਨਾਨਕ ਦਾਸ ਦਸਾਨੀ॥੮॥੩॥੧੫॥੪੪॥ ਜੁਮਲਾ	(ਜੁਮਲਾ) ਜੋੜ	Dhaeiaal Purakh Kirapaa Karahu Naanak Dhaas Dhasaanee ||8||3||15||44|| Jumalaa	O Merciful Lord, please bless me Your Mercy, that Nanak may become the slave of Your slaves. ||8||3||15||44||Tota||	ਹੇ ਨਾਨਕ! (ਅਰਦਾਸ ਕਰ ਤੇ ਆਖ-) ਹੇ ਦਇਆ ਦੇ ਘਰ ਸਰਬ-ਵਿਆਪਕ ਪ੍ਰਭੂ! ਮੇਰੇ ਉਤੇ ਕਿਰਪਾ ਕਰ, ਮੈਨੂੰ ਆਪਣੇ ਦਾਸਾਂ ਦਾ ਦਾਸ (ਬਣਾਈ ਰੱਖ, ਤੇ ਮੈਨੂੰ ਇਹਨਾਂ ਹਉਮੈ ਦੇ ਬੰਧਨਾਂ ਤੋਂ ਬਚਾਈ ਰੱਖ) ॥੮॥੩॥੧੫॥੪੪॥
10627	242	ੴ ਸਤਿਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ॥		Ik Oankaar Sathinaam Karathaa Purakh Guraprasaadh ||	One Universal Creator God. Truth Is The Name. Creative Being Personified. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ, ਜੋ ਸ੍ਰਿਸ਼ਟੀ ਦਾ ਰਚਨਹਾਰ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
10628	242	ਰਾਗੁ ਗਉੜੀ ਪੂਰਬੀ ਛੰਤ ਮਹਲਾ ੧॥		Raag Gourree Poorabee Shhanth Mehalaa 1 ||	Raag Gauree Poorbee, Chhant, First Mehl:	ਰਾਗ ਗਉੜੀ-ਪੂਰਬੀ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਛੰਤ'।

10629	242	ਮੁੰਧ ਰੈਣਿ ਦੁਹੇਲੜੀਆ ਜੀਉ ਨੀਦ ਨ ਆਵੈ॥	ਜੀਵ ਰੂਪੀ (ਮੁੰਧ) ਇਸਤ੍ਰੀ। (ਦੁਹੇਲੜੀਆ) ਦੁਖੀ	Mundhh Rain Dhuhaelarreeaa Jeeo Needh N Aavai ||	For the bride, the night is painful; sleep does not come.	ਪਤੀ ਦੇ ਵਿਛੋੜੇ ਦੇ ਹਹੁਕੇ ਵਿਚ ਜਵਾਨ ਸੁੰਦਰ ਇਸਤ੍ਰੀ ਦੀ ਰਾਤ ਦੁੱਖ ਵਿਚ (ਲੰਘਦੀ ਹੈ), ਉਸ ਨੂੰ ਨੀਂਦ ਨਹੀਂ ਆਉਂਦੀ, ਤੇ ਹਹੁਕਿਆਂ ਵਿਚ ਉਹ ਕਮਜ਼ੋਰ ਹੁੰਦੀ ਜਾਂਦੀ ਹੈ।
10630	242	ਸਾ ਧਨ ਦੁਬਲੀਆ ਜੀਉ ਪਿਰ ਕੈ ਹਾਵੈ॥	ਦੁਬ-ਲੀਆ:ਪੋਲਾ ਬੋਲੋ। (ਦੁਬਲੀਆ) ਨਿਰਬਲ	Saa Dhhan Dhubaleeaa Jeeo Pir Kai Haavai ||	The soul-bride has grown weak, in the pain of separation from her Husband Lord.	ਇਸਤ੍ਰੀ ਖਸਮ ਦੇ (ਵਿਛੋੜੇ ਦੇ) ਹਹੁਕੇ ਵਿਚ (ਦਿਨੇ ਦਿਨ) ਕਮਜ਼ੋਰ ਹੁੰਦੀ ਜਾਂਦੀ ਹੈ।
10631	242	ਧਨ ਥੀਈ ਦੁਬਲਿ ਕੰਤ ਹਾਵੈ ਕੇਵ ਨੈਣੀ ਦੇਖਏ॥	ਧਨ, ਦੁਬ-ਲਿ: ਪੋਲੇ ਬੋਲੋ। ਥੀ-ਈ, ਦੇ-ਖਏ	Dhhan Thheeee Dhubal Kanth Haavai Kaev Nainee Dhaekheae ||	The soul-bride is wasting away, in the pain of separation from her Husband; how can she see Him with her eyes?	(ਉਹ ਹਰ ਵੇਲੇ ਤਾਂਘਦੀ ਹੈ ਕਿ) ਉਹ ਕਿਸੇ ਤਰ੍ਹਾਂ (ਆਪਣੇ ਖਸਮ ਨੂੰ ਅੱਖੀਂ ਵੇਖੇ।
10632	242	ਸੀਗਾਰ ਮਿਠ ਰਸ ਭੋਗ ਭੋਜਨ ਸਭੁ ਝੂਠੁ ਕਿਤੈ ਨ ਲੇਖਏ॥	ਮਿੱਠ, ਲੇ-ਖਏ	Seegaar Mith Ras Bhog Bhojan Sabh Jhooth Kithai N Laekheae ||	Her decorations, sweet foods, sensuous pleasures and delicacies are all false; they are of no account at all.	ਉਸ ਨੂੰ (ਸਰੀਰਕ) ਸਿੰਗਾਰ ਤੇ ਮਿੱਠੇ ਰਸਾਂ ਤੇ ਭੋਜਨਾਂ ਦੇ ਭੋਗ- ਇਹ ਸਭ ਕੁਝ ਫਿੱਕਾ ਲੱਗਦਾ ਹੈ, ਉਸ ਨੂੰ ਇਹ ਸਭ ਕੁਝ ਨਿਕੰਮਾ ਦਿੱਸਦਾ ਹੈ।

10633	242	ਮੈ ਮਤ ਜੋਬਨਿ ਗਰਬਿ ਗਾਲੀ ਦੁਧਾ ਥਣੀ ਨ ਆਵਏ॥	(ਮੈ) ਹੰਗਤਾ ਸ਼ਰਾਬ ਚ (ਮੱਤ) ਮਸਤ। ਮੈ ਬਿੰਦੀ ਨ ਲਾਉ। ਗੱਾਲੀ	Mai Math Joban Garab Gaalee Dhudhhaa Thhanee N Aaveae ||	Intoxicated with the wine of youthful pride, she has been ruined, and her breasts no longer yield milk.	ਜਿਸ ਇਸਤ੍ਰੀ ਨੂੰ ਜਵਾਨੀ ਵਿਚ ਅਹੰਕਾਰ ਨੇ ਗਾਲ ਦਿੱਤਾ ਹੋਵੇ ਜੋ ਜਵਾਨੀ ਦੇ ਨਸ਼ੇ ਵਿਚ ਇਉਂ ਮਸਤ ਹੋਵੇ, ਜਿਵੇਂ ਸ਼ਰਾਬ ਵਿਚ ਮਸਤ ਹੈ, (ਉਸ ਨੂੰ ਆਪਣੇ ਪਤੀ ਦਾ ਮਿਲਾਪ ਨਸੀਬ ਨਹੀਂ ਹੁੰਦਾ ਤੇ) ਉਸ ਨੂੰ ਸੁਹਾਗ-ਭਾਗ ਵਾਲੀ ਅਵਸਥਾ ਨਸੀਬ ਨਹੀਂ ਹੁੰਦੀ।
10634	242	ਨਾਨਕ ਸਾ ਧਨ ਮਿਲੈ ਮਿਲਾਈ ਬਿਨੁ ਪਿਰ ਨੀਦ ਨ ਆਵਏ॥੧॥	ਆਵਏ	Naanak Saa Dhhan Milai Milaaee Bin Pir Needh N Aaveae ||1||	O Nanak, the soul-bride meets her Husband Lord, when He causes her to meet Him; without Him, sleep does not come to her. ||1||	ਹੇ ਨਾਨਕ! (ਇਹੀ ਹਾਲ ਹੁੰਦਾ ਹੈ ਉਸ ਜੀਵ-ਇਸਤ੍ਰੀ ਦਾ, ਜੋ ਦੁਨੀਆ ਦੇ ਕੂੜੇ ਮਾਣ ਵਿਚ ਮਸਤ ਰਹਿੰਦੀ ਹੈ, ਉਸ ਨੂੰ) ਸਾਰੀ ਜ਼ਿੰਦਗੀ-ਰੂਪ ਰਾਤ ਵਿਚ ਆਤਮਕ ਸ਼ਾਂਤੀ ਪ੍ਰਾਪਤ ਨਹੀਂ ਹੁੰਦੀ। ਉਹ ਤਦੋਂ ਹੀ (ਪ੍ਰਭੂ ਪਤੀ) ਨੂੰ ਮਿਲ ਸਕਦੀ ਹੈ, ਜਦੋਂ (ਗੁਰੂ ਵਿਚੋਲਾ ਬਣ ਕੇ ਉਸ ਨੂੰ ਪ੍ਰਭੂ-ਚਰਨਾਂ ਵਿਚ) ਮਿਲਾ ਦੇਵੇ ॥੧॥
10635	242	ਮੁੰਧ ਨਿਮਾਨੜੀਆ ਜੀਉ ਬਿਨੁ ਧਨੀ ਪਿਆਰੇ॥		Mundhh Nimaanarreeaa Jeeo Bin Dhhanee Piaarae ||	The bride is dishonored without her Beloved Husband Lord.	ਪਿਆਰੇ ਖਸਮ ਦੇ ਮਿਲਾਪ ਤੋਂ ਬਿਨਾ ਜਵਾਨ ਇਸਤ੍ਰੀ ਢੱਠੇ-ਦਿਲ ਹੀ ਰਹਿੰਦੀ ਹੈ।

10636	242	ਕਿਉ ਸੁਖੁ ਪਾਵੈਗੀ ਬਿਨੁ ਉਰ ਧਾਰੇ॥		Kio Sukh Paavaigee Bin Our Dhhaarae ||	How can she find peace, without enshrining Him in her heart?	ਜੇ ਪਤੀ ਉਸ ਨੂੰ ਆਪਣੀ ਛਾਤੀ ਨਾਲ ਨਾਹ ਲਾਏ, ਤਾਂ ਉਸ ਨੂੰ ਸੁਖ ਪ੍ਰਤੀਤ ਨਹੀਂ ਹੋ ਸਕਦਾ।
10637	242	ਨਾਹ ਬਿਨੁ ਘਰ ਵਾਸੁ ਨਾਹੀ ਪੁਛਹੁ ਸਖੀ ਸਹੇਲੀਆ॥	(ਨਾਹ) ਖਸਮ	Naah Bin Ghar Vaas Naahee Pushhahu Sakhee Sehaeleeaa ||	Without her Husband, her home is not worth living in; go and ask your sisters and companions.	ਖਸਮ ਤੋਂ ਬਿਨਾ ਘਰ ਦਾ ਵਸੇਬਾ ਨਹੀਂ ਹੋ ਸਕਦਾ। (ਜੇ) ਹੋਰ ਸਖੀਆਂ ਸਹੇਲੀਆਂ ਨੂੰ ਪੁੱਛੋਗੇ (ਤਾਂ ਉਹ ਭੀ ਇਹ ਉੱਤਰ ਦੇਣਗੀਆਂ)

10638	242	ਬਿਨੁ ਨਾਮ ਪ੍ਰੀਤਿ ਪਿਆਰੁ ਨਾਹੀ ਵਸਹਿ ਸਾਚਿ ਸੁਹੇਲੀਆ॥		Bin Naam Preeth Piaar Naahee Vasehi Saach Suhaeleeaa ||	Without the Naam, the Name of the Lord, there is no love and affection; but with her True Lord, she abides in peace.	(ਪਿਆਰੇ ਪਤੀ-ਪ੍ਰਭੂ ਦੇ ਮਿਲਾਪ ਤੋਂ ਬਿਨਾ ਜਿੰਦ-ਵਹੁਟੀ ਨਿੰਮੋ-ਝੂਣੀ ਹੀ ਰਹਿੰਦੀ ਹੈ, ਜਦ ਤਕ ਉਹ ਪਤੀ-ਪ੍ਰਭੂ ਨੂੰ ਆਪਣੇ ਹਿਰਦੇ ਵਿਚ ਨਹੀਂ ਵਸਾਂਦੀ, ਉਸ ਨੂੰ ਆਤਮਕ ਆਨੰਦ ਨਹੀਂ ਮਿਲ ਸਕਦਾ। ਖਸਮ-ਪ੍ਰਭੂ ਦੇ ਮਿਲਾਪ ਤੋਂ ਬਿਨਾ ਹਿਰਦੇ ਵਿਚ ਆਤਮਕ ਗੁਣਾਂ ਦਾ ਵਾਸ ਨਹੀਂ ਹੋ ਸਕਦਾ। ਸਤ-ਸੰਗੀ ਸਹੇਲੀਆਂ ਨੂੰ ਪੁੱਛ ਵੇਖੋ, ਉਹ ਇਹੀ ਉੱਤਰ ਦੇਣਗੀਆਂ ਕਿ) ਪ੍ਰਭੂ ਦਾ ਨਾਮ ਜਪਣ ਤੋਂ ਬਿਨਾ ਉਸ ਦੀ ਪ੍ਰੀਤ ਉਸ ਦਾ ਪਿਆਰ ਨਹੀਂ ਪ੍ਰਾਪਤ ਨਹੀਂ ਹੋ ਸਕਦਾ। ਉਹੀ ਜਿੰਦ-ਵਹੁਟੀਆਂ ਸੁਖੀ ਵੱਸ ਸਕਦੀਆਂ ਹਨ, ਜੋ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜਦੀਆਂ ਹਨ।
10639	242	ਸਚੁ ਮਨਿ ਸਜਨ ਸੰਤੋਖਿ ਮੇਲਾ ਗੁਰਮਤੀ ਸਹੁ ਜਾਣਿਆ॥	ਸੱਜਨ	Sach Man Sajan Santhokh Maelaa Guramathee Sahu Jaaniaa ||	Through mental truthfulness and contentment, union with the True Friend is attained; through the Guru's Teachings, the Husband Lord is kno	ਗੁਰੂ ਦੀ ਮਤਿ ਲੈ ਕੇ ਜਿਸ ਜੀਵ-ਇਸਤ੍ਰੀ ਦੇ ਮਨ ਵਿਚ ਸਦਾ-ਥਿਰ ਪ੍ਰਭੂ ਦਾ ਨਾਮ ਵੱਸਦਾ ਹੈ, ਜੋ ਸੰਤੋਖ ਵਿਚ (ਜੀਊਂਦੀ ਹੈ) ਉਸ ਨੂੰ ਸੱਜਣ ਪ੍ਰਭੂ ਦਾ ਮਿਲਾਪ ਪ੍ਰਾਪਤ ਹੋ ਜਾਂਦਾ ਹੈ, ਉਹ ਖਸਮ-ਪ੍ਰਭੂ ਨੂੰ (ਅੰਗ-ਸੰਗ) ਜਾਣ ਲੈਂਦੀ ਹੈ।

10640	242	ਨਾਨਕ ਨਾਮੁ ਨ ਛੋਡੈ ਸਾ ਧਨ ਨਾਮਿ ਸਹਜਿ ਸਮਾਣੀਆ॥੨॥		Naanak Naam N Shhoddai Saa Dhhan Naam Sehaj Samaaneeaa ||2||	O Nanak, that soul-bride who does not abandon the Naam, is intuitively absorbed in the Naam. ||2||	ਹੇ ਨਾਨਕ! ਉਹ ਜੀਵ-ਇਸਤ੍ਰੀ ਪ੍ਰਭੂ ਦਾ ਨਾਮ (ਜਪਣਾ) ਨਹੀਂ ਛੱਡਦੀ, ਪ੍ਰਭੂ ਦੇ ਨਾਮ ਵਿਚ ਜੁੜ ਕੇ ਉਹ ਆਤਮਕ ਅਡੋਲਤਾ ਵਿਚ ਟਿਕੀ ਰਹਿੰਦੀ ਹੈ ॥੨॥
10641	242	ਮਿਲੁ ਸਖੀ ਸਹੇਲੜੀਹੋ ਹਮ ਪਿਰੁ ਰਾਵੇਹਾ॥	(ਰਾਵੇਹਾ) ਸਿਮਰੀਏ	Mil Sakhee Sehaelarreeho Ham Pir Raavaehaa ||	Come, O my sisters and companions - let's enjoy our Husband Lord.	ਹੇ (ਸਤਿਸੰਗਣ) ਸਹੇਲੀਹੋ! ਆਓ ਮਿਲ ਬੈਠੀਏ ਤੇ ਅਸੀਂ (ਮਿਲ ਕੇ) ਪਤੀ-ਪ੍ਰਭੂ ਦਾ ਭਜਨ ਕਰੀਏ।
10642	242	ਗੁਰ ਪੁਛਿ ਲਿਖਉਗੀ ਜੀਉ ਸਬਦਿ ਸਨੇਹਾ॥	ਲਿਖਉ-ਗੀ	Gur Pushh Likhougee Jeeo Sabadh Sanaehaa ||	I will ask the Guru, and write His Word as my love-note.	(ਸਤਿਸੰਗ ਵਿਚ ਬੈਠ ਕੇ) ਗੁਰੂ ਦੀ ਸਿੱਖਿਆ ਲੈ ਕੇ ਹੇ ਸਹੇਲੀਹੋ! ਮੈਂ ਗੁਰੂ ਦੇ ਸ਼ਬਦ ਦੀ ਰਾਹੀਂ ਪਤੀ-ਪ੍ਰਭੂ ਨੂੰ ਸੁਨੇਹਾ ਭੇਜਾਂਗੀ (ਕਿ ਆ ਕੇ ਮਿਲ)।
10643	242	ਸਬਦੁ ਸਾਚਾ ਗੁਰਿ ਦਿਖਾਇਆ ਮਨਮੁਖੀ ਪਛੁਤਾਣੀਆ॥		Sabadh Saachaa Gur Dhikhaaeiaa Manamukhee Pashhuthaaneeaa ||	The Guru has shown me the True Word of the Shabad. The self-willed manmukhs will regret and repent.	(ਜਿਸ ਜੀਵ-ਇਸਤ੍ਰੀ ਨੂੰ) ਗੁਰੂ ਨੇ ਆਪਣਾ ਸ਼ਬਦ ਬਖ਼ਸ਼ਿਆ, ਉਸ ਨੂੰ ਉਸ ਨੇ ਸਦਾ-ਥਿਰ ਰਹਿਣ ਵਾਲਾ ਪਰਮਾਤਮਾ (ਅੰਗ ਸੰਗ) ਵਿਖਾ ਦਿੱਤਾ, ਪਰ ਆਪਣੇ ਮਨ ਦੇ ਪਿਛੇ ਤੁਰਨ ਵਾਲੀਆਂ ਪਛੁਤਾਂਦੀਆਂ ਹੀ ਰਹਿੰਦੀਆਂ ਹਨ।

10644	242	ਨਿਕਸਿ ਜਾਤਉ ਰਹੈ ਅਸਥਿਰੁ ਜਾਮਿ ਸਚੁ ਪਛਾਣਿਆ॥		Nikas Jaatho Rehai Asathhir Jaam Sach Pashhaaniaa ||	My wandering mind became steady, when I recognized the True One.	(ਜਿਸ ਨੂੰ ਗੁਰੂ ਨੇ ਸ਼ਬਦ ਦੀ ਦਾਤ ਦਿੱਤੀ, ਸ਼ਬਦ ਦੀ ਬਰਕਤਿ ਨਾਲ) ਜਦੋਂ ਉਸ ਨੇ ਸਦਾ-ਥਿਰ ਪ੍ਰਭੂ ਨੂੰ (ਅੰਗ-ਸੰਗ) ਪਛਾਣ ਲਿਆ, ਤਦੋਂ ਉਸ ਦਾ ਬਾਹਰ (ਮਾਇਆ ਪਿਛੇ) ਦੌੜਦਾ ਮਨ ਟਿਕ ਜਾਂਦਾ ਹੈ।
10645	242	ਸਾਚ ਕੀ ਮਤਿ ਸਦਾ ਨਉਤਨ ਸਬਦਿ ਨੇਹੁ ਨਵੇਲਓ॥	(ਨਉਤਨ) ਨਵੀਂ। (ਨੇਹੁ) ਪ੍ਰੇਮ। (ਨਵੇਲ–ਓ) ਨਵਾਂ। ਲਾਹ–ਓ	Saach Kee Math Sadhaa Nouthan Sabadh Naehu Navaelou ||	The Teachings of Truth are forever new; the love of the Shabad is forever fresh.	ਜਿਸ ਜੀਵ-ਇਸਤ੍ਰੀ ਦੇ ਅੰਦਰ ਸਦਾ-ਥਿਰ ਪ੍ਰਭੂ ਟਿਕ ਜਾਂਦਾ ਹੈ, ਉਸ ਦੀ ਮਤਿ ਸਦਾ ਨਵੀਂ-ਨਰੋਈ ਰਹਿੰਦੀ ਹੈ (ਕਦੇ ਵਿਕਾਰਾਂ ਨਾਲ ਮੈਲੀ ਨਹੀਂ ਹੁੰਦੀ)। ਸ਼ਬਦ ਦੀ ਬਰਕਤਿ ਨਾਲ ਉਸ ਦੇ ਅੰਦਰ ਪ੍ਰਭੂ ਵਾਸਤੇ ਨਿੱਤ ਨਵਾਂ ਪਿਆਰ ਬਣਿਆ ਰਹਿੰਦਾ ਹੈ।
10646	242	ਨਾਨਕ ਨਦਰੀ ਸਹਜਿ ਸਾਚਾ ਮਿਲਹੁ ਸਖੀ ਸਹੇਲੀਹੋ॥੩॥		Naanak Nadharee Sehaj Saachaa Milahu Sakhee Sehaeleeho ||3||	O Nanak, through the Glance of Grace of the True Lord, celestial peace is obtained; let's meet Him, O my sisters and companions. ||3||	ਹੇ ਨਾਨਕ! ਸਦਾ-ਥਿਰ ਰਹਿਣ ਵਾਲਾ ਪ੍ਰਭੂ ਆਪਣੀ ਮਿਹਰ ਦੀ ਨਿਗਾਹ ਨਾਲ ਉਸ ਜੀਵ-ਇਸਤ੍ਰੀ ਨੂੰ ਆਤਮਕ ਅਡੋਲਤਾ ਵਿਚ ਟਿਕਾਈ ਰੱਖਦਾ ਹੈ। ਹੇ ਸਤਿਸੰਗੀ ਸਹੇਲੀਹੋ! ਆਓ ਰਲ ਕੇ ਬੈਠੀਏ ਤੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰੀਏ ॥੩॥

10647	242	ਮੇਰੀ ਇਛ ਪੁਨੀ ਜੀਉ ਹਮ ਘਰਿ ਸਾਜਨੁ ਆਇਆ॥	(ਪੁਨੀ) ਪੂਰੀ ਹੋਈ	Maeree Eishh Punee Jeeo Ham Ghar Saajan Aaeiaa ||	My desire has been fulfilled - my Friend has come to my home.	ਹੇ ਸਹੇਲੀਓ! ਮੇਰੀ ਮਨੋ-ਕਾਮਨਾ ਪੂਰੀ ਹੋ ਗਈ ਹੈ, ਮੇਰੇ ਹਿਰਦੇ-ਘਰ ਵਿਚ ਸੱਜਣ ਪਰਮਾਤਮਾ ਆ ਵੱਸਿਆ ਹੈ।
10648	242	ਮਿਲਿ ਵਰੁ ਨਾਰੀ ਮੰਗਲੁ ਗਾਇਆ॥	(ਵਰੁ) ਪਤੀ ਅਕਾਲ ਜੀ ਨੂੰ ਪ੍ਰਾਪਤਿ ਸੋਹਾਗਣ ਨਾਰੀ	Mil Var Naaree Mangal Gaaeiaa ||	At the Union of husband and wife, the songs of rejoicing were sung.	ਜਿਸ ਜੀਵ-ਇਸਤ੍ਰੀ ਨੂੰ ਖ਼ਸਮ ਪ੍ਰਭੂ ਮਿਲ ਪੈਂਦਾ ਹੈ, ਉਸ ਦੇ ਗਿਆਨ-ਇੰਦਰੇ (ਵਿਕਾਰਾਂ ਵਲ ਦੌੜਨ ਦੇ ਥਾਂ ਰਲ ਕੇ ਮਾਨੋ) ਖ਼ੁਸ਼ੀ ਦਾ ਗੀਤ ਗਾਂਦੇ ਹਨ।
10649	242	ਗੁਣ ਗਾਇ ਮੰਗਲੁ ਪ੍ਰੇਮਿ ਰਹਸੀ ਮੁੰਧ ਮਨਿ ਓਮਾਹਓ॥	ਰਹ-ਸੀ:ਪੋਲਾ ਬੋਲੋ ਮਿਲਵਾਂ। (ਰਹਸੀ) ਅਨੰਦ ਨੂੰ ਪ੍ਰਾਪਤ ਹੋਈ। (ਮੁੰਧ) ਇਸਤ੍ਰੀ। ਪੂਰਨ ਖ਼ੁਸ਼ੀ ਸਹਿਤ (ਓਮਾਹ-ਓ) ਉਮਾਹ ਉਤਸ਼ਾਹ	Gun Gaae Mangal Praem Rehasee Mundhh Man Oumaahou ||	Singing the songs of joyful praise and love to Him, the soul-bride's mind is thrilled and delighted.	ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਗੀਤ ਗਾ ਕੇ ਜੀਵ-ਇਸਤ੍ਰੀ ਪ੍ਰਭੂ-ਪਿਆਰ ਦੇ (ਹੁਲਾਰੇ) ਵਿਚ ਖਿੜ ਪੈਂਦੀ ਹੈ, ਉਸ ਦੇ ਮਨ ਵਿਚ ਚਾਉ ਦਾ ਹੁਲਾਰਾ ਪੈਦਾ ਹੁੰਦਾ ਹੈ।
10650	242	ਸਾਜਨ ਰਹੰਸੇ ਦੁਸਟ ਵਿਆਪੇ ਸਾਚੁ ਜਪਿ ਸਚੁ ਲਾਹਓ॥	(ਰਹੰਸੇ) ਖੁਸ਼ ਹੋਏ। (ਵਿਆਪੇ) ਗ੍ਰਸੇ ਹੋਏ। (ਲਾਹ-ਓ) ਲਾਭ	Saajan Rehansae Dhusatt Viaapae Saach Jap Sach Laahou ||	My friends are happy, and my enemies are unhappy; meditating on the True Lord, the true profit is obtained.	ਉਸ ਦੇ ਅੰਦਰ ਭਲੇ ਗੁਣ ਪ੍ਰਫੁਲਤ ਹੁੰਦੇ ਹਨ, ਦੁਸ਼ਟ-ਵਿਕਾਰ ਦਬਾ ਹੇਠ ਆ ਜਾਂਦੇ ਹਨ। ਸਦਾ-ਥਿਰ ਨਾਮ ਜਪ ਜਪ ਕੇ ਉਸ ਨੂੰ ਅਟੱਲ ਆਤਮਕ ਜੀਵਨ ਦਾ ਲਾਭ ਮਿਲ ਜਾਂਦਾ ਹੈ।

10651	242	ਕਰ ਜੋੜਿ ਸਾ ਧਨ ਕਰੈ ਬਿਨਤੀ ਰੈਣਿ ਦਿਨੁ ਰਸਿ ਭਿੰਨੀਆ॥	(ਭਿੰਨੀਆ) ਭਿੱਜੀ	Kar Jorr Saa Dhhan Karai Binathee Rain Dhin Ras Bhinneeaa ||	With her palms pressed together, the soul-bride prays, that she may remain immersed in the Love of her Lord, night and day.	ਉਹ ਜੀਵ-ਇਸਤ੍ਰੀ ਦਿਨ-ਰਾਤ ਪ੍ਰਭੂ ਦੇ ਪਿਆਰ-ਰਸ ਵਿਚ ਭਿੱਜੀ ਹੋਈ ਹੱਥ ਜੋੜ ਕੇ ਪ੍ਰਭੂ-ਪਤੀ ਦੇ ਦਰ ਤੇ ਅਰਦਾਸਾਂ ਕਰਦੀ ਰਹਿੰਦੀ ਹੈ।
10652	242	ਨਾਨਕ ਪਿਰੁ ਧਨ ਕਰਹਿ ਰਲੀਆ ਇਛ ਮੇਰੀ ਪੁੰਨੀਆ॥੪॥੧॥	ਰਲੀਆਂ: ਪੋਲਾ ਬੋਲੋ। ਇੱਛ	Naanak Pir Dhhan Karehi Raleeaa Eishh Maeree Punneeaa ||4||1||	O Nanak, the Husband Lord and the soul-bride revel together; my desires are fulfilled. ||4||1||	ਹੇ ਨਾਨਕ! ਪ੍ਰਭੂ-ਪਤੀ ਤੇ ਉਹ ਜੀਵ-ਇਸਤ੍ਰੀ (ਜੀਵ-ਇਸਤ੍ਰੀ ਦੀ ਹਿਰਦੇ-ਸੇਜ ਉਤੇ) ਮਿਲ ਕੇ ਆਤਮਕ ਆਨੰਦ ਮਾਣਦੇ ਹਨ। ਹੇ ਸਹੇਲੀਹੋ! ਮੇਰੀ ਮਨੋ-ਕਾਮਨਾ ਪੂਰੀ ਹੋ ਗਈ ਹੈ (ਮੇਰੇ ਹਿਰਦੇ-ਘਰ ਵਿਚ ਸੱਜਣ-ਪ੍ਰਭੂ ਆ ਵਸਿਆ ਹੈ) ॥੪॥੧॥
10653	243	ਗਉੜੀ ਛੰਤ ਮਹਲਾ ੧॥		Gourree Shhanth Mehalaa 1 ||	Gauree, Chhant, First Mehl:	
10654	243	ਸੁਣਿ ਨਾਹ ਪ੍ਰਭੂ ਜੀਉ ਏਕਲੜੀ ਬਨ ਮਾਹੇ॥	(ਨਾਹ) ਪਤੀ। ਏਕਲ-ੜੀ, ਬਨ: ਪੋਲੇ ਬੋਲੋ	Sun Naah Prabhoo Jeeo Eaekalarree Ban Maahae ||	Hear me, O my Dear Husband God - I am all alone in the wilderness.	ਹੇ ਪ੍ਰਭੂ ਖਸਮ ਜੀ! (ਮੇਰੀ ਬੇਨਤੀ) ਸੁਣੋ। (ਤੈਥੋਂ ਬਿਨਾ) ਮੈਂ ਜੀਵ-ਇਸਤ੍ਰੀ ਇਸ ਸੰਸਾਰ-ਜੰਗਲ ਵਿਚ ਇਕੱਲੀ ਹਾਂ।
10655	243	ਕਿਉ ਧੀਰੈਗੀ ਨਾਹ ਬਿਨਾ ਪ੍ਰਭ ਵੇਪਰਵਾਹੇ॥		Kio Dhheeraigee Naah Binaa Prabh Vaeparavaahae ||	How can I find comfort without You, O my Carefree Husband God?	ਹੇ ਬੇ-ਪ੍ਰਵਾਹ ਪ੍ਰਭੂ! ਤੈਂ ਖਸਮ ਤੋਂ ਬਿਨਾਂ ਮੇਰੀ ਜਿੰਦ ਧੀਰਜ ਨਹੀਂ ਫੜ ਸਕਦੀ।

10656	243	ਧਨ ਨਾਹ ਬਾਝਹੁ ਰਹਿ ਨ ਸਾਕੈ ਬਿਖਮ ਰੈਣਿ ਘਣੇਰੀਆ॥	(ਬਿਖਮ) ਔਖੀ। (ਘਣੇਰੀਆ) ਬਹੁਤ	Dhhan Naah Baajhahu Rehi N Saakai Bikham Rain Ghanaereeaa ||	The soul-bride cannot live without her Husband; the night is so painful for her.	ਜੀਵ-ਇਸਤ੍ਰੀ ਪ੍ਰਭੂ-ਪਤੀ ਤੋਂ ਬਿਨਾ ਰਹਿ ਨਹੀਂ ਸਕਦੀ (ਖਸਮ-ਪ੍ਰਭੂ ਤੋਂ ਬਿਨਾ ਇਸ ਦੀ) ਜ਼ਿੰਦਗੀ ਦੀ ਰਾਤ ਬਹੁਤ ਹੀ ਔਖੀ ਗੁਜ਼ਰਦੀ ਹੈ।
10657	243	ਨਹ ਨੀਦ ਆਵੈ ਪ੍ਰੇਮੁ ਭਾਵੈ ਸੁਣਿ ਬੇਨੰਤੀ ਮੇਰੀਆ॥	(ਭਾਵੈ) ਚੰਗਾ ਲੱਗੇ	Neh Needh Aavai Praem Bhaavai Sun Baenanthee Maereeaa ||	Sleep does not come. I am in love with my Beloved. Please, listen to my prayer!	ਹੇ ਖਸਮ-ਪ੍ਰਭੂ! ਮੇਰੀ ਬੇਨਤੀ ਸੁਣ, ਮੈਨੂੰ ਤੇਰਾ ਪਿਆਰ ਚੰਗਾ ਲੱਗਦਾ ਹੈ (ਤੇਰੇ ਵਿਛੋੜੇ ਵਿਚ) ਮੈਨੂੰ ਸ਼ਾਂਤੀ ਨਹੀਂ ਆ ਸਕਦੀ।
10658	243	ਬਾਝਹੁ ਪਿਆਰੇ ਕੋਇ ਨ ਸਾਰੇ ਏਕਲੜੀ ਕੁਰਲਾਏ॥	ਏਕਲੜੀ	Baajhahu Piaarae Koe N Saarae Eaekalarree Kuralaaeae ||	Other than my Beloved, no one cares for me; I cry all alone in the wilderness.	ਪਿਆਰੇ ਪ੍ਰਭੂ-ਪਤੀ ਤੋਂ ਬਿਨਾ (ਇਸ ਜਿੰਦ ਦੀ) ਕੋਈ ਭੀ ਵਾਤ ਨਹੀਂ ਪੁੱਛਦਾ। ਇਹ ਇਕੱਲੀ ਹੀ (ਇਸ ਸੰਸਾਰ-ਜੰਗਲ ਵਿਚ) ਕੂਕਦੀ ਹੈ,
10659	243	ਨਾਨਕ ਸਾ ਧਨ ਮਿਲੈ ਮਿਲਾਈ ਬਿਨੁ ਪ੍ਰੀਤਮ ਦੁਖੁ ਪਾਏ॥੧॥		Naanak Saa Dhhan Milai Milaaee Bin Preetham Dhukh Paaeae ||1||	O Nanak, the bride meets Him when He causes her to meet Him; without her Beloved, she suffers in pain. ||1||	(ਪਰ) ਹੇ ਨਾਨਕ! ਜੀਵ-ਇਸਤ੍ਰੀ ਤਦੋਂ ਹੀ ਪ੍ਰਭੂ-ਪਤੀ ਨੂੰ ਮਿਲ ਸਕਦੀ ਹੈ, ਜੇ ਇਸ ਨੂੰ ਗੁਰੂ ਮਿਲਾ ਦੇਵੇ, ਨਹੀਂ ਤਾਂ ਪ੍ਰੀਤਮ-ਪ੍ਰਭੂ ਤੋਂ ਬਿਨਾ ਦੁਖ ਹੀ ਦੁਖ ਸਹਾਰਦੀ ਹੈ ॥੧॥
10660	243	ਪਿਰਿ ਛੋਡਿਅੜੀ ਜੀਉ ਕਵਣੁ ਮਿਲਾਵੈ॥		Pir Shhoddiarree Jeeo Kavan Milaavai ||	She is separated from her Husband Lord - who can unite her with Him?	ਹੇ ਸਹੇਲੀਏ! ਜਿਸ ਨੂੰ ਪਤੀ ਨੇ ਵਿਸਾਰ ਦਿੱਤਾ, ਉਸ ਨੂੰ ਹੋਰ ਕੌਣ (ਪਤੀ-ਪ੍ਰਭੂ ਨਾਲ) ਮਿਲਾ ਸਕਦਾ ਹੈ?

10661	243	ਰਸਿ ਪ੍ਰੇਮਿ ਮਿਲੀ ਜੀਉ ਸਬਦੇ ਸੁਹਾਵੈ॥		Ras Praem Milee Jeeo Sabadh Suhaavai ||	Tasting His Love, she meets Him, through the Beautiful Word of His Shabad.	ਹੇ ਸਹੇਲੀਏ! ਜੇਹੜੀ ਜਿੰਦ-ਵਹੁਟੀ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੇ ਨਾਮ-ਰਸ ਵਿਚ ਪ੍ਰਭੂ ਦੇ ਪ੍ਰੇਮ-ਰਸ ਵਿਚ ਜੁੜਦੀ ਹੈ, ਉਹ (ਅੰਤਰ ਆਤਮੇ) ਸੁੰਦਰ ਹੋ ਜਾਂਦੀ ਹੈ।
10662	243	ਸਬਦੇ ਸੁਹਾਵੈ ਤਾ ਪਤਿ ਪਾਵੈ ਦੀਪਕ ਦੇਹ ਉਜਾਰੈ॥	(ਉਜਾਰੈ) ਪ੍ਰਕਾਸ਼ ਕਰੇ	Sabadhae Suhaavai Thaa Path Paavai Dheepak Dhaeh Oujaarai ||	Adorned with the Shabad, she obtains her Husband, and her body is illuminated with the lamp of spiritual wisdom.	ਜਦੋਂ ਗੁਰੂ ਦੇ ਸ਼ਬਦ ਦੀ ਰਾਹੀਂ ਜੀਵ-ਇਸਤ੍ਰੀ (ਅੰਤਰ ਆਤਮੇ) ਸੋਹਣੀ ਹੋ ਜਾਂਦੀ ਹੈ, ਤਦੋਂ (ਲੋਕ ਪਰਲੋਕ ਵਿਚ) ਇੱਜ਼ਤ ਖੱਟਦੀ ਹੈ; ਗਿਆਨ ਦਾ ਦੀਵਾ ਇਸ ਦੇ ਸਰੀਰ ਵਿਚ (ਹਿਰਦੇ ਵਿਚ) ਚਾਨਣ ਕਰ ਦੇਂਦਾ ਹੈ।
10663	243	ਸੁਣਿ ਸਖੀ ਸਹੇਲੀ ਸਾਚਿ ਸੁਹੇਲੀ ਸਾਚੇ ਕੇ ਗੁਣ ਸਾਰੈ॥	(ਸੁਹੇਲੀ) ਸੁਖੀ	Sun Sakhee Sehaelee Saach Suhaelee Saachae Kae Gun Saarai ||	Listen, O my friends and companions - she who is at peace dwells upon the True Lord and His True Praises.	ਹੇ ਸਹੇਲੀਏ! ਸੁਣ! ਜੇਹੜੀ ਜੀਵ-ਇਸਤ੍ਰੀ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਗੁਣ ਯਾਦ ਕਰਦੀ ਹੈ, ਉਹ ਸਦਾ-ਥਿਰ ਪ੍ਰਭੂ ਵਿਚ ਜੁੜ ਕੇ ਸੌਖੀ ਹੋ ਜਾਂਦੀ ਹੈ।
10664	243	ਸਤਿਗੁਰਿ ਮੇਲੀ ਤਾ ਪਿਰਿ ਰਾਵੀ ਬਿਗਸੀ ਅੰਮ੍ਰਿਤ ਬਾਣੀ॥	(ਰਾਵੀ) ਲੀਨ ਕੀਤੀ	Sathigur Maelee Thaa Pir Raavee Bigasee Anmrith Baanee ||	Meeting the True Guru, she is ravished and enjoyed by her Husband Lord; she blossoms forth with the Ambrosial Word of His Bani.	ਜਦੋਂ ਸਤਿਗੁਰੂ ਨੇ ਉਸ ਨੂੰ ਆਪਣੇ ਸ਼ਬਦ ਵਿਚ ਜੋੜਿਆ, ਤਦੋਂ ਪ੍ਰਭੂ-ਪਤੀ ਨੇ ਉਸ ਨੂੰ ਆਪਣੇ ਚਰਨਾਂ ਵਿਚ ਮਿਲਾ ਲਿਆ, ਆਤਮਕ ਜੀਵਨ ਦੇਣ ਵਾਲੀ ਬਾਣੀ ਦੀ ਬਰਕਤਿ ਨਾਲ ਉਸ ਦਾ ਹਿਰਦਾ ਕੌਲ-ਫੁੱਲ ਖਿੜ ਪੈਂਦਾ ਹੈ।

10665	243	ਨਾਨਕ ਸਾ ਧਨ ਤਾ ਪਿਰੁ ਰਾਵੈ ਜਾ ਤਿਸ ਕੈ ਮਨਿ ਭਾਣੀ॥੨॥		Naanak Saa Dhhan Thaa Pir Raavae Jaa This Kai Man Bhaanee ||2||	O Nanak, the Husband Lord enjoys His bride when she is pleasing to His Mind. ||2||	ਹੇ ਨਾਨਕ! ਜੀਵ-ਇਸਤ੍ਰੀ ਤਦੋਂ ਹੀ ਪ੍ਰਭੂ-ਪਤੀ ਨੂੰ ਮਿਲਦੀ ਹੈ, ਜਦੋਂ (ਗੁਰੂ ਦੇ ਸ਼ਬਦ ਦੀ ਰਾਹੀਂ) ਇਹ ਪ੍ਰਭੂ-ਪਤੀ ਦੇ ਮਨ ਵਿਚ ਪਿਆਰੀ ਲੱਗਦੀ ਹੈ ॥੨॥
10666	243	ਮਾਇਆ ਮੋਹਣੀ ਨੀਘਰੀਆ ਜੀਉ ਕੂੜਿ ਮੁਠੀ ਕੂੜਿਆਰੇ॥	ਨੀ-ਘਰੀਆ	Maaeiaa Mohanee Neeghareeaa Jeeo Koorr Muthee Koorriaarae ||	Fascination with Maya made her homeless; the false are cheated by falsehood.	ਹੇ ਸਹੇਲੀਏ! ਜਿਸ ਜੀਵ-ਇਸਤ੍ਰੀ ਨੂੰ ਮੋਹਣੀ ਮਾਇਆ ਨੇ ਮੋਹ ਲਿਆ, ਜਿਸ ਨੂੰ ਨਾਸਵੰਤ ਪਦਾਰਥਾਂ ਦੇ ਪਿਆਰ ਨੇ ਠੱਗ ਲਿਆ, ਉਹ ਨਾਸਵੰਤ ਪਦਾਰਥਾਂ ਦੇ ਵਣਜ ਵਿਚ ਲੱਗ ਪਈ।
10667	243	ਕਿਉ ਖੂਲੈ ਗਲ ਜੇਵੜੀਆ ਜੀਉ ਬਿਨੁ ਗੁਰ ਅਤਿ ਪਿਆਰੇ॥	ਖੂਲ੍ਹੈ। ਗਲ: ਪੋਲਾ ਬੋਲੋ	Kio Khoolai Gal Jaevarreeaa Jeeo Bin Gur Ath Piaarae ||	How can the noose around her neck be untied, without the Most Beloved Guru?	(ਉਸ ਦੇ ਗਲ ਵਿਚ ਮੋਹ ਦੀ ਫਾਹੀ ਪੈ ਜਾਂਦੀ ਹੈ) ਉਸ ਦੇ ਗਲ ਦੀ ਇਹ ਫਾਹੀ ਅਤਿ ਪਿਆਰੇ ਗੁਰੂ (ਦੀ ਸਹਾਇਤਾ) ਤੋਂ ਬਿਨਾ ਖੁਲ੍ਹ ਨਹੀਂ ਸਕਦੀ।
10668	243	ਹਰਿ ਪ੍ਰੀਤਿ ਪਿਆਰੇ ਸਬਦਿ ਵੀਚਾਰੇ ਤਿਸ ਹੀ ਕਾ ਸੋ ਹੋਵੈ॥		Har Preeth Piaarae Sabadh Veechaarae This Hee Kaa So Hovai ||	One who loves the Beloved Lord, and reflects upon the Shabad, belongs to Him.	ਜੇਹੜਾ ਬੰਦਾ ਪ੍ਰਭੂ ਨਾਲ ਪ੍ਰੀਤ ਪਾਂਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੇ ਗੁਣਾਂ ਨੂੰ ਵਿਚਾਰਦਾ ਹੈ, ਉਹ ਪ੍ਰਭੂ ਦਾ ਸੇਵਕ ਹੋ ਜਾਂਦਾ ਹੈ।

10669	243	ਪੁੰਨ ਦਾਨ ਅਨੇਕ ਨਾਵਣ ਕਿਉ ਅੰਤਰਿ ਮਲੁ ਧੋਵੈ॥	ਨ੍ਹਾਵਣ	Punn Dhaan Anaek Naavan Kio Anthar Mal Dhhovai ||	How can giving donations to charities and countless cleansing baths wash off the filth within the heart?	(ਸਿਮਰਨ ਤੋਂ ਬਿਨਾ ਸਿਫ਼ਤ-ਸਾਲਾਹ ਤੋਂ ਬਿਨਾ) ਅਨੇਕਾਂ ਪੁੰਨ-ਦਾਨ ਕੀਤਿਆਂ ਅਨੇਕਾਂ ਤੀਰਥ-ਇਸ਼ਨਾਨ ਕੀਤਿਆਂ ਕੋਈ ਜੀਵ ਆਪਣੇ ਅੰਦਰ ਦੀ (ਵਿਕਾਰਾਂ ਦੀ) ਮੈਲ ਧੋ ਨਹੀਂ ਸਕਦਾ।
10670	243	ਨਾਮ ਬਿਨਾ ਗਤਿ ਕੋਇ ਨ ਪਾਵੈ ਹਠਿ ਨਿਗ੍ਰਹਿ ਬੇਬਾਣੈ॥	(ਗਤਿ) ਮੁਕਤੀ। (ਨਿ-ਗ੍ਰਹਿ) ਰੋਕਣ ਨਾਲ। (ਬੇਬਾਣੈ) ਉਜਾੜ। ਹਠਿ: ਪੋਲਾ ਬੋਲੋ	Naam Binaa Gath Koe N Paavai Hath Nigrehi Baebaanai ||	Without the Naam, no one attains salvation. Stubborn self-discipline and living in the wilderness are of no use at all.	ਹਠ ਕਰ ਕੇ ਇੰਦ੍ਰਿਆਂ ਨੂੰ ਰੋਕਣ ਦਾ ਜਤਨ ਕਰ ਕੇ ਜੰਗਲ ਵਿਚ ਜਾ ਬੈਠਣ ਨਾਲ ਕੋਈ ਮਨੁੱਖ ਉੱਚੀ ਆਤਮਕ ਅਵਸਥਾ ਪ੍ਰਾਪਤ ਨਹੀਂ ਕਰਦਾ, ਜੇ ਉਹ ਪਰਮਾਤਮਾ ਦਾ ਨਾਮ ਨਹੀਂ ਸਿਮਰਦਾ।
10671	243	ਨਾਨਕ ਸਚ ਘਰੁ ਸਬਦਿ ਸਿਞਾਪੈ ਦੁਬਿਧਾ ਮਹਲੁ ਕਿ ਜਾਣੈ॥੩॥	(ਸਿਞਾਪੈ ੲ ਨੱਕ ਚ ਬੋਲੋ) ਪਛਾਣੇ	Naanak Sach Ghar Sabadh Sinjaapai Dhubidhhaa Mehal K Jaanai ||3||	O Nanak, the home of Truth is attained through the Shabad. How can the Mansion of His Presence be known through duality? ||3||	ਹੇ ਨਾਨਕ! ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਦਰਬਾਰ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਪਛਾਣਿਆ ਜਾ ਸਕਦਾ ਹੈ। ਪ੍ਰਭੂ ਤੋਂ ਬਿਨਾਂ ਕਿਸੇ ਹੋਰ ਆਸਰੇ ਦੀ ਝਾਕ ਨਾਲ ਉਸ ਦਰਬਾਰ ਨੂੰ ਲੱਭਿਆ ਨਹੀਂ ਜਾ ਸਕਦਾ ॥੩॥
10672	243	ਤੇਰਾ ਨਾਮੁ ਸਚਾ ਜੀਉ ਸਬਦੁ ਸਚਾ ਵੀਚਾਰੋ॥		Thaeraa Naam Sachaa Jeeo Sabadh Sachaa Veechaaro ||	True is Your Name, O Dear Lord; True is contemplation of Your Shabad.	ਹੇ ਪ੍ਰਭੂ ਜੀ! ਤੇਰਾ ਨਾਮ ਸਦਾ-ਥਿਰ ਰਹਿਣ ਵਾਲਾ ਹੈ, ਤੇਰੀ ਸਿਫ਼ਤ-ਸਾਲਾਹ ਦੀ ਬਾਣੀ ਅਟੱਲ ਹੈ, ਤੇਰੇ ਗੁਣਾਂ ਦੀ ਵਿਚਾਰ ਸਦਾ-ਥਿਰ (ਕਰਮ) ਹੈ।

10673	243	ਤੇਰਾ ਮਹਲੁ ਸਚਾ ਜੀਉ ਨਾਮੁ ਸਚਾ ਵਾਪਾਰੋ॥		Thaeraa Mehal Sachaa Jeeo Naam Sachaa Vaapaaro ||	True is the Mansion of Your Presence, O Dear Lord, and True is trade in Your Name.	ਹੇ ਪ੍ਰਭੂ! ਤੇਰਾ ਦਰਬਾਰ ਸਦਾ-ਥਿਰ ਹੈ, ਤੇਰਾ ਨਾਮ ਤੇ ਤੇਰੇ ਨਾਮ ਦਾ ਵਪਾਰ ਸਦਾ ਨਾਲ ਨਿਭਣ ਵਾਲਾ ਵਪਾਰ ਹੈ।
10674	243	ਨਾਮ ਕਾ ਵਾਪਾਰੁ ਮੀਠਾ ਭਗਤਿ ਲਾਹਾ ਅਨ ਦਿਨੋ॥		Naam Kaa Vaapaar Meethaa Bhagath Laahaa Anadhino ||	Trade in Your Name is very sweet; the devotees earn this profit night and day.	ਪਰਮਾਤਮਾ ਦੇ ਨਾਮ ਦਾ ਵਪਾਰ ਸੁਆਦਲਾ ਵਪਾਰ ਹੈ, ਭਗਤੀ ਦੇ ਵਪਾਰ ਤੋਂ ਨਫ਼ਾ ਸਦਾ ਵਧਦਾ ਰਹਿੰਦਾ ਹੈ।
10675	243	ਤਿਸੁ ਬਾਝੁ ਵਖਰੁ ਕੋਇ ਨ ਸੂਝੈ ਨਾਮੁ ਲੇਵਹੁ ਖਿਨੁ ਖਿਨੋ॥	ਵੱਖਰੁ	This Baajh Vakhar Koe N Soojhai Naam Laevahu Khin Khino ||	Other than this, I can think of no other merchandise. So chant the Naam each and every moment.	ਪ੍ਰਭੂ ਦੇ ਨਾਮ ਤੋਂ ਬਿਨਾ ਹੋਰ ਕੋਈ ਐਸਾ ਸੌਦਾ ਨਹੀਂ ਜੋ ਸਦਾ ਲਾਭ ਹੀ ਲਾਭ ਦੇਵੇ। ਹੇ ਭਾਈ! ਸਦਾ ਖਿਨ ਖਿਨ, ਪਲ ਪਲ ਨਾਮ ਜਪੋ।
10676	243	ਪਰਖਿ ਲੇਖਾ ਨਦਰਿ ਸਾਚੀ ਕਰਮਿ ਪੂਰੈ ਪਾਇਆ॥		Parakh Laekhaa Nadhar Saachee Karam Poorai Paaeiaa ||	The account is read; by the Grace of the True Lord and good karma, the Perfect Lord is obtained.	ਜਿਸ ਮਨੁੱਖ ਨੇ ਨਾਮ-ਵਪਾਰ ਦੇ ਲੇਖੇ ਦੀ ਪਰਖ ਕੀਤੀ, ਉਸ ਉਤੇ ਪ੍ਰਭੂ ਦੀ ਅਟੱਲ ਮਿਹਰ ਦੀ ਨਿਗਾਹ ਹੋਈ, ਪ੍ਰਭੂ ਦੀ ਪੂਰੀ ਮਿਹਰ ਨਾਲ ਉਸ ਨੇ ਨਾਮ-ਵੱਖਰ ਹਾਸਲ ਕਰ ਲਿਆ।
10677	243	ਨਾਨਕ ਨਾਮੁ ਮਹਾ ਰਸੁ ਮੀਠਾ ਗੁਰਿ ਪੂਰੈ ਸਚੁ ਪਾਇਆ॥੪॥੨॥		Naanak Naam Mehaa Ras Meethaa Gur Poorai Sach Paaeiaa ||4||2||	O Nanak, the Nectar of the Name is so sweet. Through the Perfect True Guru, it is obtained. ||4||2||	ਹੇ ਨਾਨਕ! ਪ੍ਰਭੂ ਦਾ ਨਾਮ ਸਦਾ-ਥਿਰ ਰਹਿਣ ਵਾਲਾ ਤੇ ਬਹੁਤ ਹੀ ਮਿੱਠੇ ਸੁਆਦ ਵਾਲਾ ਪਦਾਰਥ ਹੈ, ਪੂਰੇ ਗੁਰੂ ਦੀ ਰਾਹੀਂ ਇਹ ਪਦਾਰਥ ਮਿਲਦਾ ਹੈ ॥੪॥੨॥

10678	243	ਰਾਗੁ ਗਉੜੀ ਪੂਰਬੀ ਛੰਤ ਮਹਲਾ ੩		Raag Gourree Poorabee Shhanth Mehalaa 3	Raag Gauree Poorbee, Chhant, Third Mehl:	ਰਾਗ ਗਉੜੀ-ਪੂਰਬੀ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ 'ਛੰਤ'।
10679	243	ੴ ਸਤਿਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ॥		Ik Oankaar Sathinaam Karathaa Purakh Guraprasaadh ||	One Universal Creator God. Truth Is The Name. Creative Being Personified. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ, ਜੋ ਸ੍ਰਿਸ਼ਟੀ ਦਾ ਰਚਨਹਾਰ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
10680	243	ਸਾ ਧਨ ਬਿਨਉ ਕਰੇ ਜੀਉ ਹਰਿ ਕੇ ਗੁਣ ਸਾਰੇ॥	(ਬਿਨਉ) ਬੇਨਤੀ। (ਸਾਰੇ) ਯਾਦ ਕਰੇ	Saa Dhhan Bino Karae Jeeo Har Kae Gun Saarae ||	The soul-bride offers her prayers to her Dear Lord; she dwells upon His Glorious Virtues.	(ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਪ੍ਰਭੂ-ਮਿਲਾਪ ਦੀ ਤਾਂਘ ਪੈਦਾ ਹੁੰਦੀ ਹੈ, ਉਹ) ਜੀਵ-ਇਸਤ੍ਰੀ (ਪ੍ਰਭੂ-ਦਰ ਤੇ) ਬੇਨਤੀ ਕਰਦੀ ਹੈ ਤੇ ਪਰਮਾਤਮਾ ਦੇ ਗੁਣ (ਆਪਣੇ ਹਿਰਦੇ ਵਿਚ) ਸੰਭਾਲਦੀ ਹੈ।
10681	243	ਖਿਨੁ ਪਲੁ ਰਹਿ ਨ ਸਕੈ ਜੀਉ ਬਿਨੁ ਹਰਿ ਪਿਆਰੇ॥		Khin Pal Rehi N Sakai Jeeo Bin Har Piaarae ||	She cannot live without her Beloved Lord, for a moment, even for an instant.	ਪਿਆਰੇ ਪਰਮਾਤਮਾ (ਦੇ ਦਰਸਨ) ਤੋਂ ਬਿਨਾ ਉਹ ਇਕ ਖਿਨ ਭਰ ਇਕ ਪਲ ਭਰ (ਸ਼ਾਂਤ-ਚਿੱਤ) ਨਹੀਂ ਰਹਿ ਸਕਦੀ।

10682	243	ਬਿਨੁ ਹਰਿ ਪਿਆਰੇ ਰਹਿ ਨ ਸਾਕੈ ਗੁਰ ਬਿਨੁ ਮਹਲੁ ਨ ਪਾਈਐ॥	(ਮਹਲੁ) ਪ੍ਰਭੂ	Bin Har Piaarae Rehi N Saakai Gur Bin Mehal N Paaeeai ||	She cannot live without her Beloved Lord; without the Guru, the Mansion of His Presence is not found.	ਪਿਆਰੇ ਪਰਮਾਤਮਾ ਦੇ ਦਰਸਨ ਤੋਂ ਬਿਨਾ ਉਹ (ਸ਼ਾਂਤ-ਚਿੱਤ) ਨਹੀਂ ਰਹਿ ਸਕਦੀ। ਪਰ ਪਰਮਾਤਮਾ ਦਾ ਟਿਕਾਣਾ ਗੁਰੂ ਤੋਂ ਬਿਨਾ ਲੱਭ ਨਹੀਂ ਸਕਦਾ।
10683	243	ਜੋ ਗੁਰੁ ਕਹੈ ਸੋਈ ਪਰੁ ਕੀਜੈ ਤਿਸਨਾ ਅਗਨਿ ਬੁਝਾਈਐ॥	(ਪਰੁ) ਵਿਸ਼ੇਸ਼ ਕਰਕੇ। ਬੁਝਾਈਐ: ਪੋਲਾ ਬੋਲੋ	Jo Gur Kehai Soee Par Keejai Thisanaa Agan Bujhaaeeai ||	Whatever the Guru says, she should surely do, to extinguish the fire of desire.	ਜੇ ਜੋ ਗੁਰੂ ਸਿੱਖਿਆ ਦੇਂਦਾ ਹੈ ਉਸ ਨੂੰ ਚੰਗੀ ਤਰ੍ਹਾਂ ਕਮਾਇਆ ਜਾਏ ਤਾਂ, (ਮਨ ਵਿਚੋਂ) ਤ੍ਰਿਸ਼ਨਾ ਦੀ ਅੱਗ ਬੁੱਝ ਜਾਂਦੀ ਹੈ।
10684	243	ਹਰਿ ਸਾਚਾ ਸੋਈ ਤਿਸੁ ਬਿਨੁ ਅਵਰੁ ਨ ਕੋਈ ਬਿਨੁ ਸੇਵਿਐ ਸੁਖੁ ਨ ਪਾਏ॥		Har Saachaa Soee This Bin Avar N Koee Bin Saeviai Sukh N Paaeae ||	The Lord is True; there is no one except Him. Without serving Him, peace is not found.	ਇੱਕ ਪਰਮਾਤਮਾ ਹੀ ਸਦਾ ਕਾਇਮ ਰਹਿਣ ਵਾਲਾ ਹੈ, ਉਸ ਤੋਂ ਬਿਨਾ (ਜਗਤ ਵਿਚ) ਹੋਰ ਕੋਈ (ਸਦਾ ਨਾਲ ਨਿਭਣ ਵਾਲਾ ਸਾਥੀ) ਨਹੀਂ ਹੈ, ਉਸ ਦੀ ਸਰਨ ਪੈਣ ਤੋਂ ਬਿਨਾ ਜੀਵ-ਇਸਤ੍ਰੀ ਸੁਖ ਨਹੀਂ ਮਾਣ ਸਕਦੀ।
10685	243	ਨਾਨਕ ਸਾ ਧਨ ਮਿਲੈ ਮਿਲਾਈ ਜਿਸ ਨੋ ਆਪਿ ਮਿਲਾਏ॥੧॥		Naanak Saa Dhhan Milai Milaaee Jis No Aap Milaaeae ||1||	O Nanak, that soul-bride, whom the Lord Himself unites, is united with Him; He Himself merges with her. ||1||	ਹੇ ਨਾਨਕ! ਉਹੀ ਜੀਵ-ਇਸਤ੍ਰੀ (ਗੁਰੂ ਦੀ) ਮਿਲਾਈ ਹੋਈ (ਪ੍ਰਭੂ-ਚਰਨਾਂ ਵਿਚ) ਮਿਲ ਸਕਦੀ ਹੈ ਜਿਸ ਨੂੰ ਪ੍ਰਭੂ ਆਪ ਮਿਹਰ (ਕਰ ਕੇ, ਆਪਣੇ ਚਰਨਾਂ ਵਿਚ) ਮਿਲਾ ਲਏ ॥੧॥

10686	243	ਧਨ ਰੈਣਿ ਸੁਹੇਲੜੀਏ ਜੀਉ ਹਰਿ ਸਿਉ ਚਿਤੁ ਲਾਏ॥		Dhhan Rain Suhaelarreeeae Jeeo Har Sio Chith Laaeae ||	The life-night of the soul-bride is blessed and joyful, when she focuses her consciousness on her Dear Lord.	ਜੇਹੜੀ ਜੀਵ-ਇਸਤ੍ਰੀ ਪਰਮਾਤਮਾ (ਦੇ ਚਰਨਾਂ) ਨਾਲ ਆਪਣਾ ਚਿੱਤ ਜੋੜੀ ਰੱਖਦੀ ਹੈ ਉਸ ਜੀਵ-ਇਸਤ੍ਰੀ ਦੀ (ਜ਼ਿੰਦਗੀ-ਰੂਪ) ਰਾਤ ਸੌਖੀ ਬੀਤਦੀ ਹੈ,
10687	243	ਸਤਿਗੁਰੁ ਸੇਵੇ ਭਾਉ ਕਰੇ ਜੀਉ ਵਿਚਹੁ ਆਪੁ ਗਵਾਏ॥	(ਆਪੁ) ਹੰਕਾਰ	Sathigur Saevae Bhaao Karae Jeeo Vichahu Aap Gavaaeae ||	She serves the True Guru with love; she eradicates selfishness from within.	ਉਹ ਜੀਵ-ਇਸਤ੍ਰੀ ਗੁਰੂ ਦੀ ਸਰਨ ਪੈਂਦੀ ਹੈ ਗੁਰੂ ਨਾਲ ਪ੍ਰੇਮ ਕਰਦੀ ਹੈ ਤੇ ਆਪਣੇ ਅੰਦਰੋਂ ਹਉਮੈ-ਅਹੰਕਾਰ ਦੂਰ ਕਰਦੀ ਹੈ।
10688	243	ਵਿਚਹੁ ਆਪੁ ਗਵਾਏ ਹਰਿ ਗੁਣ ਗਾਏ ਅਨ ਦਿਨੁ ਲਾਗਾ ਭਾਓ॥		Vichahu Aap Gavaaeae Har Gun Gaaeae Anadhin Laagaa Bhaaou ||	Eradicating selfishness and conceit from within, and singing the Glorious Praises of the Lord, she is in love with the Lord, night and day.	ਜੇਹੜੀ ਜੀਵ-ਇਸਤ੍ਰੀ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰਦੀ ਹੈ ਤੇ ਪਰਮਾਤਮਾ ਦੇ ਗੁਣ ਸਦਾ ਗਾਂਦੀ ਰਹਿੰਦੀ ਹੈ, ਪ੍ਰਭੂ ਚਰਨਾਂ ਨਾਲ ਉਸ ਦਾ ਹਰ ਵੇਲੇ ਪਿਆਰ ਬਣਿਆ ਰਹਿੰਦਾ ਹੈ।
10689	243	ਸੁਣਿ ਸਖੀ ਸਹੇਲੀ ਜੀਅ ਕੀ ਮੇਲੀ ਗੁਰ ਕੈ ਸਬਦਿ ਸਮਾਓ॥		Sun Sakhee Sehaelee Jeea Kee Maelee Gur Kai Sabadh Samaaou ||	Listen, dear friends and companions of the soul - immerse yourselves in the Word of the Guru's Shabad.	ਮਿਲੇ ਦਿਲ ਵਾਲੀਆਂ (ਸਤ-ਸੰਗੀ) ਸਖੀਆਂ ਸਹੇਲੀਆਂ ਪਾਸੋਂ (ਗੁਰੂ ਦਾ ਸ਼ਬਦ) ਸੁਣ ਕੇ ਗੁਰੂ ਦੇ ਸ਼ਬਦ ਵਿਚ ਉਸ ਦੀ ਲੀਨਤਾ ਹੋਈ ਰਹਿੰਦੀ ਹੈ।

10690	244	ਹਰਿ ਗੁਣ ਸਾਰੀ ਤਾ ਕੰਤ ਪਿਆਰੀ ਨਾਮੇ ਧਰੀ ਪਿਆਰੋ॥		Har Gun Saaree Thaa Kanth Piaaree Naamae Dhharee Piaaro ||	Dwell upon the Lord's Glories, and you shall be loved by your Husband, embracing love for the Naam, the Name of the Lord.	ਜੇਹੜੀ ਜੀਵ-ਇਸਤ੍ਰੀ ਪਰਮਾਤਮਾ ਦੇ ਨਾਮ ਵਿਚ ਪਿਆਰ ਪਾਂਦੀ ਹੈ ਪਰਮਾਤਮਾ ਦੇ ਗੁਣ (ਆਪਣੇ ਹਿਰਦੇ ਵਿਚ) ਸੰਭਾਲਦੀ ਹੈ ਉਹ ਪਰਮਾਤਮਾ-ਪਤੀ ਦੀ ਪਿਆਰੀ ਬਣ ਜਾਂਦੀ ਹੈ।
10691	244	ਨਾਨਕ ਕਾਮਣਿ ਨਾਹ ਪਿਆਰੀ ਰਾਮ ਨਾਮੁ ਗਲਿ ਹਾਰੋ॥੨॥	(ਨਾਹ) ਪਤੀ ਪਰਮੇਸ਼ਰ	Naanak Kaaman Naah Piaaree Raam Naam Gal Haaro ||2||	O Nanak, the soul-bride who wears the necklace of the Lord's Name around her neck is loved by her Husband Lord. ||2||	ਹੇ ਨਾਨਕ! ਜਿਸ ਜੀਵ-ਇਸਤ੍ਰੀ ਦੇ ਗਲ ਵਿਚ ਪਰਮਾਤਮਾ ਦਾ ਨਾਮ-ਹਾਰ ਪਿਆ ਰਹਿੰਦਾ ਹੈ, ਉਹ ਜੀਵ-ਇਸਤ੍ਰੀ ਪਰਮਾਤਮਾ ਦੀ ਪਿਆਰੀ ਹੋ ਜਾਂਦੀ ਹੈ ॥੨॥
10692	244	ਧਨ ਏਕਲੜੀ ਜੀਉ ਬਿਨੁ ਨਾਹ ਪਿਆਰੇ॥	ਏਕਲੜੀ	Dhhan Eaekalarree Jeeo Bin Naah Piaarae ||	The soul-bride who is without her beloved Husband is all alone.	ਹੇ ਜੀਉ! ਜੇਹੜੀ ਜੀਵ-ਇਸਤ੍ਰੀ ਪਿਆਰੇ ਪਤੀ-ਪ੍ਰਭੂ ਤੋਂ ਬਿਨਾ ਇਕੱਲੀ (ਸੁੰਞਾ ਜੀਵਨ ਬਿਤੀਤ ਕਰ ਰਹੀ) ਹੈ,
10693	244	ਦੂਜੈ ਭਾਇ ਮੁਠੀ ਜੀਉ ਬਿਨੁ ਗੁਰ ਸਬਦ ਕਰਾਰੇ॥	(ਕਰਾਰੇ) ਤਕੜੇ। (ਮੁੱਠੀ) ਠੱਗੀ	Dhoojai Bhaae Muthee Jeeo Bin Gur Sabadh Karaarae ||	She is cheated by the love of duality, without the Word of the Guru's Shabad.	ਉਹ ਗੁਰੂ ਦੇ ਸਹਾਰਾ ਦੇਣ ਵਾਲੇ ਸ਼ਬਦ ਤੋਂ ਬਿਨਾ ਹੋਰ ਹੋਰ ਪਿਆਰ ਵਿਚ ਠੱਗੀ ਜਾ ਰਹੀ ਹੈ।
10694	244	ਬਿਨੁ ਸਬਦ ਪਿਆਰੇ ਕਉਣੁ ਦੁਤਰੁ ਤਾਰੇ ਮਾਇਆ ਮੋਹਿ ਖੁਆਈ॥	(ਦੁੱਤ-ਰੁ) ਕਠਨ ਸੰਸਾਰ ਸਾਗਰ। (ਖੁਆਈ) ਭੁੱਲੀ ਭਟਕੀ	Bin Sabadh Piaarae Koun Dhuthar Thaarae Maaeiaa Mohi Khuaaee ||	Without the Shabad of her Beloved, how can she cross over the treacherous ocean? Attachment to Maya has led her astray.	ਗੁਰੂ ਦੇ ਸ਼ਬਦ ਤੋਂ ਬਿਨਾ ਹੋਰ ਕੋਈ ਨਹੀਂ ਜੋ ਉਸ ਨੂੰ ਦੁੱਤਰ (ਸੰਸਾਰ-ਸਮੁੰਦਰ) ਤੋਂ ਪਾਰ ਲੰਘਾ ਸਕਦਾ ਹੈ, ਉਹ ਮਾਇਆ ਦੇ ਮੋਹ ਵਿਚ (ਫਸੀ) ਖ਼ੁਆਰ ਹੁੰਦੀ ਰਹਿੰਦੀ ਹੈ।

10695	244	ਕੂੜਿ ਵਿਗੁਤੀ ਤਾ ਪਿਰਿ ਮੁਤੀ ਸਾ ਧਨ ਮਹਲੁ ਨ ਪਾਈ॥	(ਵਿਗੁੱਤੀ) ਖ਼ਰਾਬ। (ਮੁੱਤੀ) ਛੁੱਟੜ	Koorr Viguthee Thaa Pir Muthee Saa Dhhan Mehal N Paaee ||	Ruined by falsehood, she is deserted by her Husband Lord. The soul-bride does not attain the Mansion of His Presence.	ਜਦੋਂ ਜੀਵ-ਇਸਤ੍ਰੀ (ਮਾਇਆ ਦੇ) ਝੂਠੇ ਮੋਹ ਵਿਚ ਖ਼ੁਆਰ ਹੁੰਦੀ ਹੈ, ਤਦੋਂ (ਜਾਣੋ ਕਿ) ਖਸਮ-ਪ੍ਰਭੂ ਵਲੋਂ ਉਹ ਛੁੱਟੜ ਹੋਈ ਪਈ ਹੈ, ਉਹ ਜੀਵ-ਇਸਤ੍ਰੀ ਪਰਮਾਤਮਾ-ਪਤੀ ਦਾ ਟਿਕਾਣਾ ਨਹੀਂ ਲੱਭ ਸਕਦੀ।
10696	244	ਗੁਰ ਸਬਦੇ ਰਾਤੀ ਸਹਜੇ ਮਾਤੀ ਅਨ ਦਿਨੁ ਰਹੈ ਸਮਾਏ॥	(ਮਾੱਤੀ) ਮਸਤ	Gur Sabadhae Raathee Sehajae Maathee Anadhin Rehai Samaaeae ||	But she who is attuned to the Guru's Shabad is intoxicated with celestial love; night and day, she remains absorbed in Him.	(ਪਰ) ਜੇਹੜੀ ਜੀੜ-ਇਸਤ੍ਰੀ ਗੁਰੂ ਦੇ ਸ਼ਬਦ ਵਿਚ ਰੰਗੀ ਰਹਿੰਦੀ ਹੈ, ਉਹ ਆਤਮਕ ਅਡੋਲਤਾ ਵਿਚ ਮਸਤ ਰਹਿੰਦੀ ਹੈ, ਉਹ ਹਰ ਵੇਲੇ (ਪ੍ਰਭੂ-ਚਰਨਾਂ ਵਿਚ) ਲੀਨ ਰਹਿੰਦੀ ਹੈ।
10697	244	ਨਾਨਕ ਕਾਮਣਿ ਸਦਾ ਰੰਗਿ ਰਾਤੀ ਹਰਿ ਜੀਉ ਆਪਿ ਮਿਲਾਏ॥੩॥		Naanak Kaaman Sadhaa Rang Raathee Har Jeeo Aap Milaaeae ||3||	O Nanak, that soul-bride who remains constantly steeped in His Love, is blended by the Lord into Himself. ||3||	ਹੇ ਨਾਨਕ! ਉਹ ਜੀਵ-ਇਸਤ੍ਰੀ ਸਦਾ (ਪ੍ਰਭੂ-ਪਤੀ ਦੇ) ਪ੍ਰੇਮ-ਰੰਗ ਵਿਚ ਰੰਗੀ ਰਹਿੰਦੀ ਹੈ, ਉਸ ਨੂੰ ਪਰਮਾਤਮਾ ਆਪ (ਆਪਣੇ ਚਰਨਾਂ ਵਿਚ) ਮਿਲਾਈ ਰੱਖਦਾ ਹੈ ॥੩॥
10698	244	ਤਾ ਮਿਲੀਐ ਹਰਿ ਮੇਲੇ ਜੀਉ ਹਰਿ ਬਿਨੁ ਕਵਣੁ ਮਿਲਾਏ॥		Thaa Mileeai Har Maelae Jeeo Har Bin Kavan Milaaeae ||	If the Lord merges us with Himself, we are merged with Him. Without the Dear Lord, who can merge us with Him?	ਹੇ ਜੀਉ! (ਪ੍ਰਭੂ-ਚਰਨਾਂ ਵਿਚ) ਤਦੋਂ ਹੀ ਮਿਲ ਸਕੀਦਾ ਹੈ, ਜੇ ਪ੍ਰਭੂ ਆਪ ਹੀ ਮਿਲਾ ਲਏ। ਪਰਮਾਤਮਾ ਤੋਂ ਬਿਨਾ (ਉਸ ਦੇ ਚਰਨਾਂ ਵਿਚ) ਹੋਰ ਕੌਣ ਮਿਲਾ ਸਕਦਾ ਹੈ?

10699	244	ਬਿਨੁ ਗੁਰ ਪ੍ਰੀਤਮ ਆਪਣੇ ਜੀਉ ਕਉਣੁ ਭਰਮੁ ਚੁਕਾਏ॥		Bin Gur Preetham Aapanae Jeeo Koun Bharam Chukaaeae ||	Without our Beloved Guru, who can dispel our doubt?	(ਕਿਉਂਕਿ,) ਹੇ ਜੀਉ! ਆਪਣੇ ਪ੍ਰੀਤਮ ਗੁਰੂ ਤੋਂ ਬਿਨਾ ਹੋਰ ਕੋਈ (ਸਾਡੇ ਮਨ ਦੀ) ਭਟਕਣਾ ਨੂੰ ਦੂਰ ਨਹੀਂ ਕਰ ਸਕਦਾ।
10700	244	ਗੁਰੁ ਭਰਮੁ ਚੁਕਾਏ ਇਉ ਮਿਲੀਐ ਮਾਏ ਤਾ ਸਾ ਧਨ ਸੁਖੁ ਪਾਏ॥		Gur Bharam Chukaaeae Eio Mileeai Maaeae Thaa Saa Dhhan Sukh Paaeae ||	Through the Guru, doubt is dispelled. O my mother, this is the way to meet Him; this is how the soul-bride finds peace.	ਹੇ ਮਾਂ! ਜੇ ਗੁਰੂ (ਜੀਵ-ਇਸਤ੍ਰੀ ਦੇ ਮਨ ਦੀ) ਭਟਕਣਾ ਦੂਰ ਕਰ ਦੇਵੇ, ਤਾਂ ਇਸ ਤਰ੍ਹਾਂ (ਪ੍ਰਭੂ-ਚਰਨਾਂ ਵਿਚ) ਮਿਲ ਸਕੀਦਾ ਹੈ, ਤਦੋਂ ਹੀ ਜੀਵ-ਇਸਤ੍ਰੀ ਆਤਮਕ ਆਨੰਦ ਮਾਣਦੀ ਹੈ।
10701	244	ਗੁਰ ਸੇਵਾ ਬਿਨੁ ਘੋਰ ਅੰਧਾਰੁ ਬਿਨੁ ਗੁਰ ਮਗੁ ਨ ਪਾਏ॥	ਮਗੁ:ਪੋਲਾ ਬੋਲੋ। (ਮਗੁ) ਰਸਤਾ	Gur Saevaa Bin Ghor Andhhaar Bin Gur Mag N Paaeae ||	Without serving the Guru, there is only pitch darkness. Without the Guru, the Way is not found.	ਗੁਰੂ ਦੀ ਸਰਨ ਪੈਣ ਤੋਂ ਬਿਨਾ ਉਸ ਨੂੰ (ਜੀਵਨ ਦਾ ਸਹੀ) ਰਸਤਾ ਲੱਭ ਨਹੀਂ ਸਕਦਾ।
10702	244	ਕਾਮਣਿ ਰੰਗਿ ਰਾਤੀ ਸਹਜੇ ਮਾਤੀ ਗੁਰ ਕੈ ਸਬਦਿ ਵੀਚਾਰੇ॥	ਕੱਾਮਣਿ। ਮੱਾਤੀ।	Kaaman Rang Raathee Sehajae Maathee Gur Kai Sabadh Veechaarae ||	That wife who is intuitively imbued with the color of His Love, contemplates the Word of the Guru's Shabad.	ਜੇਹੜੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਪ੍ਰਭੂ-ਪਤੀ ਦੇ ਗੁਣਾਂ ਨੂੰ) ਆਪਣੇ ਸੋਚ-ਮੰਡਲ ਵਿਚ ਟਿਕਾਂਦੀ ਹੈ, ਉਹ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਰਹਿੰਦੀ ਹੈ, ਤੇ ਆਤਮਕ ਅਡੋਲਤਾ ਵਿਚ ਮਸਤ ਰਹਿੰਦੀ ਹੈ।

10703	244	ਨਾਨਕ ਕਾਮਣਿ ਹਰਿ ਵਰੁ ਪਾਇਆ ਗੁਰ ਕੈ ਭਾਇ ਪਿਆਰੇ॥੪॥੧॥		Naanak Kaaman Har Var Paaeiaa Gur Kai Bhaae Piaarae ||4||1||	O Nanak, the soul-bride obtains the Lord as her Husband, by enshrining love for the Beloved Guru. ||4||1||	ਹੇ ਨਾਨਕ! ਗੁਰੂ ਦੇ ਪ੍ਰੇਮ ਵਿਚ ਗੁਰੂ ਦੇ ਪਿਆਰ ਵਿਚ ਟਿਕਣ ਕਰਕੇ ਉਹ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਮਿਲ ਪੈਂਦੀ ਹੈ ॥੪॥੧॥
10704	244	ਗਉੜੀ ਮਹਲਾ ੩॥		Gourree Mehalaa 3 ||	Gauree, Third Mehl:	
10705	244	ਪਿਰ ਬਿਨੁ ਖਰੀ ਨਿਮਾਣੀ ਜੀਉ ਬਿਨੁ ਪਿਰ ਕਿਉ ਜੀਵਾ ਮੇਰੀ ਮਾਈ॥	(ਖਰੀ) ਬਹੁਤ (ਨਿਮਾਣੀ) ਨਿਰਾਦਰ	Pir Bin Kharee Nimaanee Jeeo Bin Pir Kio Jeevaa Maeree Maaee ||	Without my Husband, I am utterly dishonored. Without my Husband Lord, how can I live, O my mother?	ਹੇ ਮੇਰੀ ਮਾਂ! ਪਤੀ-ਪ੍ਰਭੂ ਦੇ ਮਿਲਾਪ ਤੋਂ ਬਿਨਾ ਮੇਰੀ ਜਿੰਦ ਬਹੁਤ ਕੰਗਾਲ ਜਿਹੀ ਰਹਿੰਦੀ ਹੈ, ਪ੍ਰਭੂ-ਪਤੀ ਦੇ ਮੇਲ ਤੋਂ ਬਿਨਾ ਮੇਰੇ ਅੰਦਰ ਆਤਮਕ ਜੀਵਨ ਆ ਨਹੀਂ ਸਕਦਾ।
10706	244	ਪਿਰ ਬਿਨੁ ਨੀਦ ਨ ਆਵੈ ਜੀਉ ਕਾਪੜੁ ਤਨਿ ਨ ਸੁਹਾਈ॥		Pir Bin Needh N Aavai Jeeo Kaaparr Than N Suhaaee ||	Without my Husband, sleep does not come, and my body is not adorned with my bridal dress.	(ਹੇ ਮਾਂ!) ਪ੍ਰਭੂ-ਪਤੀ ਤੋਂ ਬਿਨਾ ਮੇਰੇ ਅੰਦਰ ਸ਼ਾਂਤੀ ਨਹੀਂ ਆਉਂਦੀ, ਮੈਨੂੰ ਆਪਣੇ ਸਰੀਰ ਉਤੇ ਕੋਈ ਕੱਪੜਾ ਨਹੀਂ ਸੁਖਾਂਦਾ।

10707	244	ਕਾਪਰੁ ਤਨਿ ਸੁਹਾਵੈ ਜਾ ਪਿਰ ਭਾਵੈ ਗੁਰਮਤੀ ਚਿਤੁ ਲਾਈਐ॥		Kaapar Than Suhaavai Jaa Pir Bhaavai Guramathee Chith Laaeeai ||	The bridal dress looks beautiful upon my body, when I am pleasing to my Husband Lord. Following the Guru's Teachings, my consciousness is focused on Him.	(ਹੇ ਮਾਂ!) ਕੱਪੜਾ ਸਰੀਰ ਉਤੇ ਤਦੋਂ ਹੀ ਸੁਖਾਂਦਾ ਹੈ, ਜਦੋਂ ਮੈਂ ਪ੍ਰਭੂ-ਪਤੀ ਨੂੰ ਭਾ ਜਾਵਾਂ। (ਪਰ, ਹੇ ਮਾਂ!) ਗੁਰੂ ਦੀ ਮਤਿ ਉਤੇ ਤੁਰਿਆਂ ਹੀ ਪ੍ਰਭੂ ਵਿਚ ਚਿੱਤ ਜੁੜ ਸਕਦਾ ਹੈ।
10708	244	ਸਦਾ ਸੁਹਾਗਣਿ ਜਾ ਸਤਿਗੁਰੁ ਸੇਵੇ ਗੁਰ ਕੈ ਅੰਕਿ ਸਮਾਈਐ॥	(ਅੰਕਿ) ਹਿਰਦੇ ਚ	Sadhaa Suhaagan Jaa Sathigur Saevae Gur Kai Ank Samaaeeai ||	I become His happy soul-bride forever, when I serve the True Guru; I sit in the Lap of the Guru.	ਜਦੋਂ ਜੀਵ-ਇਸਤ੍ਰੀ ਗੁਰੂ ਦੀ ਸਰਨ ਪੈਂਦੀ ਹੈ, ਤਦੋਂ ਉਹ ਸਦਾ ਵਾਸਤੇ ਭਾਗਾਂ ਵਾਲੀ ਬਣ ਜਾਂਦੀ ਹੈ। (ਇਸ ਵਾਸਤੇ, ਹੇ ਮਾਂ!) ਗੁਰੂ ਦੀ ਗੋਦ ਵਿਚ ਹੀ ਟਿਕੇ ਰਹਿਣਾ ਚਾਹੀਦਾ ਹੈ।
10709	244	ਗੁਰ ਸਬਦੈ ਮੇਲਾ ਤਾ ਪਿਰੁ ਰਾਵੀ ਲਾਹਾ ਨਾਮੁ ਸੰਸਾਰੇ॥	ਬ੍ਰਹਮਾਨੰਦ ਰਸ (ਰਾਵੀ) ਮਾਣੇ	Gur Sabadhai Maelaa Thaa Pir Raavee Laahaa Naam Sansaarae ||	Through the Word of the Guru's Shabad, the soul-bride meets her Husband Lord, who ravishes and enjoys her. The Naam, the Name of the Lord, is the only profit in this world.	(ਹੇ ਮਾਂ!) ਜਦੋਂ ਗੁਰੂ ਦੇ ਸ਼ਬਦ ਵਿਚ (ਮੇਰਾ ਚਿੱਤ) ਜੁੜਦਾ ਹੈ, ਤਦੋਂ ਮੈਂ ਪ੍ਰਭੂ-ਪਤੀ ਨੂੰ ਮਿਲ ਪੈਂਦੀ ਹਾਂ। (ਹੇ ਮਾਂ!) ਪ੍ਰਭੂ ਦਾ ਨਾਮ ਹੀ ਜਗਤ ਵਿਚ (ਅਸਲ) ਖੱਟੀ ਹੈ।

10710	244	ਨਾਨਕ ਕਾਮਣਿ ਨਾਹ ਪਿਆਰੀ ਜਾ ਹਰਿ ਕੇ ਗੁਣ ਸਾਰੇ॥੧॥		Naanak Kaaman Naah Piaaree Jaa Har Kae Gun Saarae ||1||	O Nanak, the soul-bride is loved by her Husband, when she dwells upon the Glorious Praises of the Lord. ||1||	ਹੇ ਨਾਨਕ! ਜੀਵ-ਇਸਤ੍ਰੀ ਜਦੋਂ ਪਰਮਾਤਮਾ ਦੇ ਗੁਣ ਆਪਣੇ ਹਿਰਦੇ ਵਿਚ ਵਸਾਂਦੀ ਹੈ, ਤਦੋਂ ਉਹ ਪ੍ਰਭੂ-ਪਤੀ ਨੂੰ ਪਿਆਰੀ ਲੱਗਣ ਲੱਗ ਪੈਂਦੀ ਹੈ ॥੧॥
10711	244	ਸਾ ਧਨ ਰੰਗੁ ਮਾਣੇ ਜੀਉ ਆਪਣੇ ਨਾਲਿ ਪਿਆਰੇ॥		Saa Dhhan Rang Maanae Jeeo Aapanae Naal Piaarae ||	The soul-bride enjoys the Love of her Beloved.	(ਹੇ ਮੇਰੀ ਮਾਂ!) ਜੇਹੜੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਂਦੀ ਹੈ, ਉਹ ਦਿਨ-ਰਾਤਿ ਪ੍ਰਭੂ-ਪਤੀ ਦੇ ਪ੍ਰੇਮ-ਰੰਗ ਵਿਚ ਰੰਗੀ ਰਹਿੰਦੀ ਹੈ,
10712	244	ਅਹਿ ਨਿਸਿ ਰੰਗਿ ਰਾਤੀ ਜੀਉ ਗੁਰ ਸਬਦੁ ਵੀਚਾਰੇ॥		Ahinis Rang Raathee Jeeo Gur Sabadh Veechaarae ||	Imbued with His Love night and day, she contemplates the Word of the Guru's Shabad.	ਉਹ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਨੂੰ ਵਿਚਾਰ-ਮੰਡਲ ਵਿਚ ਸਾਂਭਦੀ ਹੋਈ ਆਪਣੇ ਪ੍ਰਭੂ-ਪਤੀ ਦੇ ਮਿਲਾਪ ਵਿਚ ਆਤਮਕ ਆਨੰਦ ਮਾਣਦੀ ਹੈ,
10713	244	ਗੁਰ ਸਬਦੁ ਵੀਚਾਰੇ ਹਉਮੈ ਮਾਰੇ ਇਨ ਬਿਧਿ ਮਿਲਹੁ ਪਿਆਰੇ॥	ਬਿਧਿ: ਪੋਲਾ ਬੋਲੋ	Gur Sabadh Veechaarae Houmai Maarae Ein Bidhh Milahu Piaarae ||	Contemplating the Guru's Shabad, she conquers her ego, and in this way, she meets her Beloved.	(ਕਿਉਂਕਿ) ਜੇਹੜੀ ਗੁਰੂ ਦੇ ਸ਼ਬਦ ਨੂੰ ਵਿਚਾਰ-ਮੰਡਲ ਵਿਚ ਸਾਂਭਦੀ ਹੈ ਉਹ ਆਪਣੇ ਅੰਦਰੋਂ ਹਉਮੈ ਦੂਰ ਕਰ ਲੈਂਦੀ ਹੈ। (ਹੇ ਸਤਸੰਗੀ ਸਹੇਲੀਓ! ਤੁਸੀ ਭੀ) ਇਸ ਤਰ੍ਹਾਂ ਪ੍ਰਭੂ-ਪਿਆਰੇ ਨੂੰ ਮਿਲੋ।

10714	244	ਸਾ ਧਨ ਸੋਹਾਗਣਿ ਸਦਾ ਰੰਗਿ ਰਾਤੀ ਸਾਚੈ ਨਾਮਿ ਪਿਆਰੇ॥		Saa Dhhan Sohaagan Sadhaa Rang Raathee Saachai Naam Piaarae ||	She is the happy soul-bride of her Lord, who is forever imbued with the Love of the True Name of her Beloved.	(ਹੇ ਮਾਂ!) ਉਹ ਜੀਵ-ਇਸਤ੍ਰੀ ਸਦਾ ਭਾਗਾਂ ਵਾਲੀ ਹੈ ਸਦਾ ਪ੍ਰਭੂ-ਪਤੀ ਦੇ ਪ੍ਰੇਮ-ਰੰਗ ਵਿਚ ਰੰਗੀ ਰਹਿੰਦੀ ਹੈ, ਜੇਹੜੀ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਪ੍ਰੇਮ ਕਰਦੀ ਹੈ।
10715	244	ਅਪੁਨੇ ਗੁਰ ਮਿਲਿ ਰਹੀਐ ਅੰਮ੍ਰਿਤੁ ਗਹੀਐ ਦੁਬਿਧਾ ਮਾਰਿ ਨਿਵਾਰੇ॥	(ਗਹੀਐ) ਪ੍ਰਾਪਤ ਕਰੀਏ। (ਨਿਵਾਰੇ) ਦੂਰ ਕਰੇ	Apunae Gur Mil Reheeai Anmrith Geheeai Dhubidhhaa Maar Nivaarae ||	Abiding in the Company of our Guru, we grasp the Ambrosial Nectar; we conquer and cast out our sense of duality.	(ਹੇ ਸਹੇਲੀਹੋ!) ਆਪਣੇ ਗੁਰੂ ਨੂੰ ਮਿਲੇ ਰਹਿਣਾ ਚਾਹੀਦਾ ਹੈ (ਗੁਰੂ ਪਾਸੋਂ ਹੀ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਲੈ ਸਕੀਦਾ ਹੈ। (ਜਿਸ ਨੂੰ ਇਹ ਨਾਮ-ਜਲ ਮਿਲ ਜਾਂਦਾ ਹੈ ਉਹ ਆਪਣੇ ਅੰਦਰੋਂ) ਮੇਰ-ਤੇਰ ਨੂੰ ਮਾਰ ਮੁਕਾਂਦੀ ਹੈ।
10716	244	ਨਾਨਕ ਕਾਮਣਿ ਹਰਿ ਵਰੁ ਪਾਇਆ ਸਗਲੇ ਦੂਖ ਵਿਸਾਰੇ॥੨॥		Naanak Kaaman Har Var Paaeiaa Sagalae Dhookh Visaarae ||2||	O Nanak, the soul-bride attains her Husband Lord, and forgets all her pains. ||2||	ਹੇ ਨਾਨਕ! ਉਸ ਜੀਵ-ਇਸਤ੍ਰੀ ਨੇ ਖਸਮ-ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ, ਉਸ ਨੇ ਸਾਰੇ ਦੁੱਖ ਭੁਲਾ ਲਏ ॥੨॥
10717	244	ਕਾਮਣਿ ਪਿਰਹੁ ਭੁਲੀ ਜੀਉ ਮਾਇਆ ਮੋਹਿ ਪਿਆਰੇ॥	ਭੁੱਲੀ	Kaaman Pirahu Bhulee Jeeo Maaeiaa Mohi Piaarae ||	The soul-bride has forgotten her Husband Lord, because of love and emotional attachment to Maya.	(ਹੇ ਮਾਂ!) ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ (ਦੀ ਯਾਦ) ਤੋਂ ਖੁੰਝ ਜਾਂਦੀ ਹੈ, ਉਹ ਮਾਇਆ ਦੇ ਮੋਹ ਵਿਚ (ਫਸ ਕੇ ਹੋਰਨਾਂ ਪਦਾਰਥਾਂ ਨੂੰ) ਪਿਆਰ ਕਰਨ ਲੱਗ ਪੈਂਦੀ ਹੈ।

10718	244	ਝੂਠੀ ਝੂਠਿ ਲਗੀ ਜੀਉ ਕੂੜਿ ਮੁਠੀ ਕੂੜਿਆਰੇ॥		Jhoothee Jhooth Lagee Jeeo Koorr Muthee Koorriaarae ||	The false bride is attached to falsehood; the insincere one is cheated by insincerity.	ਉਹ ਝੂਠੇ ਤੇ ਕੂੜੇ ਪਦਾਰਥਾਂ ਦੀ ਵਣਜਾਰਨ ਝੂਠੇ ਮੋਹ ਵਿਚ ਲੱਗੀ ਰਹਿੰਦੀ ਹੈ, ਕੂੜੇ ਮੋਹ ਵਿਚ ਠੱਗੀ ਜਾਂਦੀ ਹੈ।
10719	244	ਕੂੜੁ ਨਿਵਾਰੇ ਗੁਰਮਤਿ ਸਾਰੇ ਜੂਐ ਜਨਮੁ ਨ ਹਾਰੇ॥	(ਸਾਰੇ) ਸੰਭਾਲੇ	Koorr Nivaarae Guramath Saarae Jooai Janam N Haarae ||	She who drives out her falsehood, and acts according to the Guru's Teachings, does not lose her life in the gamble.	ਪਰ ਜੇਹੜੀ ਜੀਵ-ਇਸਤ੍ਰੀ ਗੁਰੂ ਦੀ ਮਤਿ ਨੂੰ (ਆਪਣੇ ਹਿਰਦੇ ਵਿਚ) ਸੰਭਾਲਦੀ ਹੈ, ਉਹ ਕੂੜੇ ਮੋਹ ਨੂੰ (ਆਪਣੇ ਅੰਦਰੋਂ) ਦੂਰ ਕਰ ਲੈਂਦੀ ਹੈ, (ਤੇ ਇਸ ਤਰ੍ਹਾਂ) ਆਪਣਾ ਜਨਮ ਵਿਅਰਥ ਨਹੀਂ ਗਵਾਂਦੀ।
10720	244	ਗੁਰ ਸਬਦੁ ਸੇਵੇ ਸਚਿ ਸਮਾਵੈ ਵਿਚਹੁ ਹਉਮੈ ਮਾਰੇ॥		Gur Sabadh Saevae Sach Samaavai Vichahu Houmai Maarae ||	One who serves the Word of the Guru's Shabad is absorbed in the True Lord; she eradicates egotism from within.	ਉਹ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਨੂੰ ਸੰਭਾਲਦੀ ਹੈ, ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਜਾਂਦੀ ਹੈ ਤੇ ਆਪਣੇ ਅੰਦਰੋਂ ਹਉਮੈ ਨੂੰ ਮਾਰ ਮੁਕਾਂਦੀ ਹੈ।
10721	244	ਹਰਿ ਕਾ ਨਾਮੁ ਰਿਦੈ ਵਸਾਏ ਐਸਾ ਕਰੇ ਸੀਗਾਰੋ॥		Har Kaa Naam Ridhai Vasaaeae Aisaa Karae Seegaaro ||	So let the Name of the Lord abide within your heart; decorate yourself in this way.	ਉਹ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾ ਲੈਂਦੀ ਹੈ-ਉਹ ਇਹੋ ਜਿਹਾ ਆਤਮਕ ਸਿੰਗਾਰ ਕਰਦੀ ਹੈ।

10722	244	ਨਾਨਕ ਕਾਮਣਿ ਸਹਜਿ ਸਮਾਣੀ ਜਿਸੁ ਸਾਚਾ ਨਾਮੁ ਅਧਾਰੋ॥੩॥		Naanak Kaaman Sehaj Samaanee Jis Saachaa Naam Adhhaaro ||3||	O Nanak, the soul-bride who takes the Support of the True Name is intuitively absorbed in the Lord. ||3||	ਹੇ ਨਾਨਕ! ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਨਾਮ ਜਿਸ ਜੀਵ-ਇਸਤ੍ਰੀ ਦਾ ਜੀਵਨ-ਆਸਰਾ ਹੈ, ਉਹ ਜੀਵ-ਇਸਤ੍ਰੀ ਆਤਮਕ ਅਡੋਲਤਾ ਵਿਚ ਟਿਕੀ ਰਹਿੰਦੀ ਹੈ ॥੩॥
10723	244	ਮਿਲੁ ਮੇਰੇ ਪ੍ਰੀਤਮਾ ਜੀਉ ਤੁਧੁ ਬਿਨੁ ਖਰੀ ਨਿਮਾਣੀ॥		Mil Maerae Preethamaa Jeeo Thudhh Bin Kharee Nimaanee ||	Meet me, O my Dear Beloved. Without You, I am totally dishonored.	ਹੇ ਮੇਰੇ ਪ੍ਰੀਤਮ ਪ੍ਰਭੂ ਜੀ! ਮੈਨੂੰ ਮਿਲ, ਤੈਥੋਂ ਬਿਨਾ ਮੈਂ ਬੁਹਤ ਆਜਿਜ਼ ਹਾਂ।
10724	244	ਮੈ ਨੈਣੀ ਨੀਦ ਨ ਆਵੈ ਜੀਉ ਭਾਵੈ ਅੰਨੁ ਨ ਪਾਣੀ॥		Mai Nainee Needh N Aavai Jeeo Bhaavai Ann N Paanee ||	Sleep does not come to my eyes, and I have no desire for food or water.	(ਹੇ ਪ੍ਰੀਤਮ ਜੀ!) ਤੈਥੋਂ ਬਿਨਾ ਮੇਰੀਆਂ ਅੱਖਾਂ ਵਿਚ ਨੀਂਦ ਨਹੀਂ ਆਉਂਦੀ, ਮੈਨੂੰ ਨਾਹ ਅੰਨ ਚੰਗਾ ਲੱਗਦਾ ਹੈ ਨਾਹ ਪਾਣੀ।
10725	244	ਪਾਣੀ ਅੰਨੁ ਨ ਭਾਵੈ ਮਰੀਐ ਹਾਵੈ ਬਿਨੁ ਪਿਰ ਕਿਉ ਸੁਖੁ ਪਾਈਐ॥	(ਹਾਵੈ) ਹਉਕੇ ਨਾਲ	Paanee Ann N Bhaavai Mareeai Haavai Bin Pir Kio Sukh Paaeeai ||	I have no desire for food or water, and I am dying from the pain of separation. Without my Husband Lord, how can I find peace?	(ਹੇ ਮਾਂ! ਪ੍ਰੀਤਮ-ਪ੍ਰਭੂ ਦੇ ਵਿਛੋੜੇ ਵਿਚ) ਅੰਨ ਪਾਣੀ ਚੰਗਾ ਨਹੀਂ ਲੱਗਦਾ, ਹਾਹੁਕਿਆਂ ਵਿਚ ਜਿੰਦ ਦੁੱਖੀ ਹੁੰਦੀ ਹੈ, ਪਤੀ-ਪ੍ਰਭੂ ਤੋਂ ਬਿਨਾ ਆਤਮਕ ਆਨੰਦ ਪ੍ਰਾਪਤ ਨਹੀਂ ਹੁੰਦਾ।

10726	245	ਗੁਰ ਆਗੈ ਕਰਉ ਬਿਨੰਤੀ ਜੇ ਗੁਰ ਭਾਵੈ ਜਿਉ ਮਿਲੈ ਤਿਵੈ ਮਿਲਾਈਐ॥		Gur Aagai Karo Binanthee Jae Gur Bhaavai Jio Milai Thivai Milaaeeai ||	I offer my prayers to the Guru; if it pleases the Guru, He shall unite me with Himself.	(ਹੇ ਮਾਂ!) ਮੈਂ ਗੁਰੂ ਅੱਗੇ ਬੇਨਤੀ ਕਰਦੀ ਹਾਂ-ਹੇ ਗੁਰੂ! ਜੇ ਤੈਨੂੰ ਮੇਰੀ ਬੇਨਤੀ ਚੰਗੀ ਲੱਗੇ, ਤਾਂ ਜਿਵੇਂ ਹੋ ਸਕੇ ਮੈਨੂੰ (ਪ੍ਰੀਤਮ-ਪ੍ਰਭੂ) ਮਿਲਾ।
10727	245	ਆਪੇ ਮੇਲਿ ਲਏ ਸੁਖਦਾਤਾ ਆਪਿ ਮਿਲਿਆ ਘਰਿ ਆਏ॥		Aapae Mael Leae Sukhadhaathaa Aap Miliaa Ghar Aaeae ||	The Giver of peace has united me with Himself; He Himself has come to my home to meet me.	(ਹੇ ਮਾਂ!) ਸਾਰੇ ਸੁਖਾਂ ਦੇ ਦੇਣ ਵਾਲਾ ਪ੍ਰਭੂ-ਪ੍ਰੀਤਮ (ਜਿਸ ਨੂੰ ਮਿਲਾਂਦਾ ਹੈ) ਆਪ ਹੀ ਮਿਲਾ ਲੈਂਦਾ ਹੈ, ਉਸ ਦੇ ਹਿਰਦੇ-ਘਰ ਵਿਚ ਆਪ ਹੀ ਆ ਕੇ ਮਿਲ ਪੈਂਦਾ ਹੈ।
10728	245	ਨਾਨਕ ਕਾਮਣਿ ਸਦਾ ਸੁਹਾਗਣਿ ਨਾ ਪਿਰੁ ਮਰੈ ਨ ਜਾਏ॥੪॥੨॥		Naanak Kaaman Sadhaa Suhaagan Naa Pir Marai N Jaaeae ||4||2||	O Nanak, the soul-bride is forever the Lord's favorite wife; her Husband Lord does not die, and He shall never leave. ||4||2||	ਹੇ ਨਾਨਕ! ਉਹ ਜੀਵ-ਇਸਤ੍ਰੀ ਸਦਾ ਲਈ ਭਾਗਾਂ ਵਾਲੀ ਹੋ ਜਾਂਦੀ ਹੈ ਕਿਉਂਕਿ ਉਸ ਦਾ (ਇਹ ਪ੍ਰਭੂ-) ਖਸਮ ਨਾਹ ਕਦੇ ਮਰਦਾ ਹੈ ਨਾਹ ਉਸ ਤੋਂ ਵਿੱਛੁੜਦਾ ਹੈ ॥੪॥੨॥
10729	245	ਗਉੜੀ ਮਹਲਾ ੩॥		Gourree Mehalaa 3 ||	Gauree, Third Mehl:	
10730	245	ਕਾਮਣਿ ਹਰਿ ਰਸਿ ਬੇਧੀ ਜੀਉ ਹਰਿ ਕੈ ਸਹਜਿ ਸੁਭਾਏ॥	(ਬੇੱਧੀ) ਵਿੰਨ੍ਹੀ	Kaaman Har Ras Baedhhee Jeeo Har Kai Sehaj Subhaaeae ||	The soul-bride is pierced through with the sublime essence of the Lord, in intuitive peace and poise.	(ਭਾਗਾਂ ਵਾਲੀ ਹੈ ਉਹ) ਜੀਵ-ਇਸਤ੍ਰੀ (ਜਿਸ ਦਾ ਮਨ) ਪਰਮਾਤਮਾ ਦੇ ਨਾਮ-ਰਸ ਵਿਚ ਵਿੱਝਿਆ ਰਹਿੰਦਾ ਹੈ, ਜੇਹੜੀ ਪਰਮਾਤਮਾ ਦੇ ਪਿਆਰ ਵਿਚ ਤੇ ਅਡੋਲਤਾ ਵਿਚ ਟਿਕੀ ਰਹਿੰਦੀ ਹੈ,

10731	245	ਮਨੁ ਮੋਹਨਿ ਮੋਹਿ ਲੀਆ ਜੀਉ ਦੁਬਿਧਾ ਸਹਜਿ ਸਮਾਏ॥		Man Mohan Mohi Leeaa Jeeo Dhubidhhaa Sehaj Samaaeae ||	The Enticer of hearts has enticed her, and her sense of duality has been easily dispelled.	ਤੇ ਜਿਸ ਦੇ ਮਨ ਨੂੰ ਸੋਹਣੇ ਪ੍ਰਭੂ ਨੇ ਮੋਹ ਰੱਖਿਆ ਹੈ, (ਉਸ ਜੀਵ-ਇਸਤ੍ਰੀ ਦੀ) ਮੇਰ-ਤੇਰ ਆਤਮਕ ਅਡੋਲਤਾ ਵਿਚ ਮੁੱਕ ਜਾਂਦੀ ਹੈ।
10732	245	ਦੁਬਿਧਾ ਸਹਜਿ ਸਮਾਏ ਕਾਮਣਿ ਵਰੁ ਪਾਏ ਗੁਰਮਤੀ ਰੰਗੁ ਲਾਏ॥		Dhubidhhaa Sehaj Samaaeae Kaaman Var Paaeae Guramathee Rang Laaeae ||	Her sense of duality has been easily dispelled, and the soul-bride obtains her Husband Lord; following the Guru's Teachings, she makes merry.	ਉਹ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਮਿਲ ਪੈਂਦੀ ਹੈ, ਗੁਰੂ ਦੀ ਮਤਿ ਉਤੇ ਤੁਰ ਕੇ ਉਹ ਆਤਮਕ ਰੰਗ ਮਾਣਦੀ ਹੈ।
10733	245	ਇਹੁ ਸਰੀਰੁ ਕੂੜਿ ਕੁਸਤਿ ਭਰਿਆ ਗਲਤਾਈ ਪਾਪ ਕਮਾਏ॥	(ਕੁ-ਸੱਤਿ) ਉਲਟਾ ਹਠ। ਗਲ-ਤਾਈ: ਪੋਲਾ ਬੋਲੋ। (ਗਲਤਾਈ) ਗਲਤਾਨ। (ਦੂਜਾ ਪਾਠ: ਗਲ ਤਾਈ)	Eihu Sareer Koorr Kusath Bhariaa Gal Thaaee Paap Kamaaeae ||	This body is filled to overflowing with falsehood, deception and the commission of sins.	(ਮਾਇਆ ਦੇ ਮੋਹ ਵਿਚ ਫਸ ਕੇ ਮਨੁੱਖ ਦਾ) ਇਹ ਸਰੀਰ ਝੂਠ ਠੱਗੀ-ਫ਼ਰੇਬ ਨਾਲ ਨਕਾ-ਨਕ ਭਰਿਆ ਰਹਿੰਦਾ ਹੈ ਤੇ ਜੀਵ ਪਾਪ ਕਮਾਂਦਾ ਰਹਿੰਦਾ ਹੈ,

10734	245	ਗੁਰਮੁਖਿ ਭਗਤਿ ਜਿਤੁ ਸਹਜ ਧੁਨਿ ਉਪਜੈ ਬਿਨੁ ਭਗਤੀ ਮੈਲੁ ਨ ਜਾਏ॥		Guramukh Bhagath Jith Sehaj Dhhun Oupajai Bin Bhagathee Mail N Jaaeae ||	The Gurmukh practices that devotional worship, by which the celestial music wells up; without this devotional worship, filth is not removed.	ਪਰ ਗੁਰੂ ਦੀ ਸ਼ਰਨ ਪਿਆਂ ਜੀਵ ਪ੍ਰਭੂ ਦੀ ਭਗਤੀ ਕਰਦਾ ਹੈ, ਜਿਸ ਦੀ ਬਰਕਤਿ ਨਾਲ ਇਸ ਦੇ ਅੰਦਰ ਆਤਮਕ ਅਡੋਲਤਾ ਦੀ ਰੌ ਪੈਦਾ ਹੋ ਜਾਂਦੀ ਹੈ (ਤੇ ਸਾਰੇ ਕੀਤੇ ਪਾਪ ਵਿਕਾਰ ਦੂਰ ਹੋ ਜਾਂਦੇ ਹਨ ਪ੍ਰਭੂ ਦੀ ਭਗਤੀ ਤੋਂ ਬਿਨਾਂ (ਵਿਕਾਰਾਂ ਦੀ) ਮੈਲ ਦੂਰ ਨਹੀਂ ਹੁੰਦੀ।
10735	245	ਨਾਨਕ ਕਾਮਣਿ ਪਿਰਹਿ ਪਿਆਰੀ ਵਿਚਹੁ ਆਪੁ ਗਵਾਏ॥੧॥		Naanak Kaaman Pirehi Piaaree Vichahu Aap Gavaaeae ||1||	O Nanak, the soul-bride who sheds selfishness and conceit from within, is dear to her Beloved. ||1||	ਹੇ ਨਾਨਕ! (ਉਹ) ਜੀਵ-ਇਸਤ੍ਰੀ ਪ੍ਰਭੂ-ਪਤੀ ਦੀ ਪਿਆਰੀ ਬਣ ਜਾਂਦੀ ਹੈ, ਜੇਹੜੀ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲੈਂਦੀ ਹੈ ॥੧॥
10736	245	ਕਾਮਣਿ ਪਿਰੁ ਪਾਇਆ ਜੀਉ ਗੁਰ ਕੈ ਭਾਇ ਪਿਆਰੇ॥		Kaaman Pir Paaeiaa Jeeo Gur Kai Bhaae Piaarae ||	The soul-bride has found her Husband Lord, through the love and affection of the Guru.	ਜੇਹੜੀ ਜੀਵ-ਇਸਤ੍ਰੀ ਗੁਰੂ ਦੇ ਪ੍ਰੇਮ-ਪਿਆਰ ਵਿਚ ਟਿਕੀ ਰਹਿੰਦੀ ਹੈ, ਉਹ ਪ੍ਰਭੂ-ਪਤੀ ਨੂੰ ਮਿਲ ਪੈਂਦੀ ਹੈ।
10737	245	ਰੈਣਿ ਸੁਖਿ ਸੁਤੀ ਜੀਉ ਅੰਤਰਿ ਉਰਿ ਧਾਰੇ॥	ਸੁੱਤੀ	Rain Sukh Suthee Jeeo Anthar Our Dhhaarae ||	She passes her life-night sleeping in peace, enshrining the Lord in her heart.	ਉਹ ਆਪਣੇ ਅੰਦਰ ਆਪਣੇ ਹਿਰਦੇ ਵਿਚ (ਪ੍ਰਭੂ-ਪਤੀ ਨੂੰ) ਵਸਾਂਦੀ ਹੈ ਤੇ ਸਾਰੀ ਜ਼ਿੰਦਗੀ ਰੂਪ ਰਾਤ ਸੁਖ ਵਿਚ ਗੁਜ਼ਾਰਦੀ ਹੈ।

10738	245	ਅੰਤਰਿ ਉਰਿ ਧਾਰੇ ਮਿਲੀਐ ਪਿਆਰੇ ਅਨ ਦਿਨੁ ਦੁਖੁ ਨਿਵਾਰੇ॥	(ਨਿਵਾਰੇ) ਦੂਰ ਕਰੇ	Anthar Our Dhhaarae Mileeai Piaarae Anadhin Dhukh Nivaarae ||	Enshrining Him deep within her heart night and day, she meets her Beloved, and her pains depart.	ਆਪਣੇ ਹਿਰਦੇ ਵਿੱਚ ਪ੍ਰਭੂ ਦੀ ਯਾਦ ਟਿਕਾਉਂਦੀ ਹੈ, ਉਹ ਆਪਣੇ ਪ੍ਰਭੂ ਪਤੀ ਨਾਲ ਮਿਲਾਪ ਕਰਦੀ ਹੈ ਅਤੇ ਸਦਾ ਵਾਸਤੇ ਵਿਛੋੜੇ ਦਾ ਦੁੱਖ ਮਿਟਾ ਲੈਂਦੀ ਹੈ।
10739	245	ਅੰਤਰਿ ਮਹਲੁ ਪਿਰੁ ਰਾਵੇ ਕਾਮਣਿ ਗੁਰਮਤੀ ਵੀਚਾਰੇ॥		Anthar Mehal Pir Raavae Kaaman Guramathee Veechaarae ||	Deep within the mansion of her inner being, she enjoys her Husband Lord, reflecting upon the Guru's Teachings.	ਜੇਹੜੀ ਜੀਵ-ਇਸਤ੍ਰੀ ਆਪਣੇ ਅੰਦਰ ਪ੍ਰਭੂ ਦਾ ਨਿਵਾਸ-ਥਾਂ ਲੱਭ ਲੈਂਦੀ ਹੈ, ਗੁਰੂ ਦੀ ਮਤਿ ਲੈ ਕੇ (ਪ੍ਰਭੂ ਦੇ ਗੁਣਾਂ ਨੂੰ) ਵਿਚਾਰਦੀ ਹੈ, ਉਹ ਪ੍ਰਭੂ-ਪਤੀ ਦੇ ਮਿਲਾਪ ਦਾ ਆਤਮਕ ਆਨੰਦ ਮਾਣਦੀ ਹੈ।
10740	245	ਅੰਮ੍ਰਿਤੁ ਨਾਮੁ ਪੀਆ ਦਿਨ ਰਾਤੀ ਦੁਬਿਧਾ ਮਾਰਿ ਨਿਵਾਰੇ॥		Anmrith Naam Peeaa Dhin Raathee Dhubidhhaa Maar Nivaarae ||	She drinks deeply of the Nectar of the Naam, day and night; she conquers and casts off her sense of duality.	ਜਿਸ ਜੀਵ-ਇਸਤ੍ਰੀ ਨੇ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਦਿਨ ਰਾਤ ਪੀਤਾ ਹੈ, ਉਹ ਆਪਣੇ ਅੰਦਰੋਂ ਮੇਰ-ਤੇਰ ਨੂੰ ਮਾਰ ਮੁਕਾਂਦੀ ਹੈ।
10741	245	ਨਾਨਕ ਸਚਿ ਮਿਲੀ ਸੋਹਾਗਣਿ ਗੁਰ ਕੈ ਹੇਤਿ ਅਪਾਰੇ॥੨॥	(ਹੇਤਿ) ਪ੍ਰੇਮ	Naanak Sach Milee Sohaagan Gur Kai Haeth Apaarae ||2||	O Nanak, the happy soul-bride meets her True Lord, through the Infinite Love of the Guru. ||2||	ਹੇ ਨਾਨਕ! ਗੁਰੂ ਦੇ ਅਥਾਹ ਪਿਆਰ ਦੀ ਬਰਕਤਿ ਨਾਲ ਉਹ ਜੀਵ-ਇਸਤ੍ਰੀ ਸਦਾ-ਥਿਰ ਪ੍ਰਭੂ-ਪਤੀ ਵਿਚ ਮਿਲੀ ਰਹਿੰਦੀ ਹੈ ਤੇ ਭਾਗਾਂ ਵਾਲੀ ਹੋ ਜਾਂਦੀ ਹੈ ॥੨॥

10742	245	ਆਵਹੁ ਦਇਆ ਕਰੇ ਜੀਉ ਪ੍ਰੀਤਮ ਅਤਿ ਪਿਆਰੇ॥		Aavahu Dhaeiaa Karae Jeeo Preetham Ath Piaarae ||	Come, and shower Your Mercy upon me, my most Darling, Dear Beloved.	ਹੇ ਅਤਿ ਪਿਆਰੇ ਪ੍ਰੀਤਮ ਜੀ! ਮਿਹਰ ਕਰ ਕੇ (ਮੇਰੇ ਹਿਰਦੇ ਵਿਚ) ਆ ਵੱਸੋ।
10743	245	ਕਾਮਣਿ ਬਿਨਉ ਕਰੇ ਜੀਉ ਸਚਿ ਸਬਦਿ ਸੀਗਾਰੇ॥		Kaaman Bino Karae Jeeo Sach Sabadh Seegaarae ||	The soul-bride offers her prayers to You, to adorn her with the True Word of Your Shabad.	(ਭਾਗਾਂ ਵਾਲੀ ਹੈ ਉਹ) ਜੀਵ-ਇਸਤ੍ਰੀ ਜੇਹੜੀ ਸਦਾ-ਥਿਰ ਪ੍ਰਭੂ ਦੇ ਨਾਮ ਨਾਲ ਤੇ ਗੁਰੂ ਦੇ ਸ਼ਬਦ ਨਾਲ ਆਪਣੇ ਆਤਮਕ ਜੀਵਨ ਨੂੰ ਸੋਹਣਾ ਬਣਾ ਕੇ (ਪ੍ਰਭੂ-ਦਰ ਤੇ ਅਜਿਹੀ) ਬੇਨਤੀ ਕਰਦੀ ਹੈ।
10744	245	ਸਚਿ ਸਬਦਿ ਸੀਗਾਰੇ ਹਉਮੈ ਮਾਰੇ ਗੁਰਮੁਖਿ ਕਾਰਜ ਸਵਾਰੇ॥		Sach Sabadh Seegaarae Houmai Maarae Guramukh Kaaraj Savaarae ||	Adorned with the True Word of Your Shabad, she conquers her ego, and as Gurmukh, her affairs are resolved.	ਜੇਹੜੀ ਜੀਵ-ਇਸਤ੍ਰੀ ਸਦਾ-ਥਿਰ ਪ੍ਰਭੂ ਦੇ ਨਾਮ ਨਾਲ ਗੁਰੂ ਦੇ ਸ਼ਬਦ ਨਾਲ ਆਪਣੇ ਜੀਵਨ ਨੂੰ ਸੋਹਣਾ ਬਣਾ ਲੈਂਦੀ ਹੈ, ਉਹ ਆਪਣੇ ਅੰਦਰੋਂ ਹਉਮੈ ਦੂਰ ਕਰ ਲੈਂਦੀ ਹੈ, ਗੁਰੂ ਦੀ ਸਰਨ ਪੈ ਕੇ ਉਹ ਆਪਣੇ ਸਾਰੇ ਕਾਰਜ ਸਵਾਰ ਲੈਂਦੀ ਹੈ,
10745	245	ਜੁਗਿ ਜੁਗਿ ਏਕੋ ਸਚਾ ਸੋਈ ਬੂਝੈ ਗੁਰ ਬੀਚਾਰੇ॥		Jug Jug Eaeko Sachaa Soee Boojhai Gur Beechaarae ||	Throughout the ages, the One Lord is True; through the Guru's Wisdom, He is known.	ਉਹ ਜੀਵ-ਇਸਤ੍ਰੀ ਗੁਰੂ ਦੀ ਬਖ਼ਸ਼ੀ ਵਿਚਾਰ ਦੀ ਬਰਕਤਿ ਨਾਲ ਉਸ ਪਰਮਾਤਮਾ ਨਾਲ ਸਾਂਝ ਪਾ ਲੈਂਦੀ ਹੈ ਜੇਹੜਾ ਹਰੇਕ ਜੁਗ ਵਿਚ ਹੀ ਸਦਾ ਕਾਇਮ ਰਹਿਣ ਵਾਲਾ ਹੈ।

10746	245	ਮਨਮੁਖਿ ਕਾਮਿ ਵਿਆਪੀ ਮੋਹਿ ਸੰਤਾਪੀ ਕਿਸੁ ਆਗੈ ਜਾਇ ਪੁਕਾਰੇ॥	(ਸੰਤਾਪੀ) ਦੁਖੀ ਹੋਈ	Manamukh Kaam Viaapee Mohi Santhaapee Kis Aagai Jaae Pukaarae ||	The self-willed manmukh is engrossed in sexual desire, and tormented by emotional attachment. With whom should she lodge her complaints?	(ਪਰ) ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਕਾਮ-ਵਾਸਨਾ ਵਿਚ ਦਬਾਈ ਰਹਿੰਦੀ ਹੈ, ਮੋਹ ਵਿਚ ਫਸ ਕੇ ਦੁੱਖੀ ਹੁੰਦੀ ਹੈ। ਉਹ ਕਿਸ ਅੱਗੇ ਜਾ ਕੇ (ਆਪਣੇ ਦੁੱਖਾਂ ਦੀ) ਪੁਕਾਰ ਕਰੇ? (ਕੋਈ ਉਸ ਦੇ ਇਹ ਦੁੱਖ ਦੂਰ ਨਹੀਂ ਕਰ ਸਕਦਾ)।
10747	245	ਨਾਨਕ ਮਨਮੁਖਿ ਥਾਉ ਨ ਪਾਏ ਬਿਨੁ ਗੁਰ ਅਤਿ ਪਿਆਰੇ॥੩॥		Naanak Manamukh Thhaao N Paaeae Bin Gur Ath Piaarae ||3||	O Nanak, the self-willed manmukh finds no place of rest, without the most Beloved Guru. ||3||	ਹੇ ਨਾਨਕ! ਅਤਿ ਪਿਆਰੇ ਗੁਰੂ ਤੋਂ ਬਿਨਾ ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ (ਪ੍ਰਭੂ-ਚਰਨਾਂ ਵਿਚ) ਥਾਂ ਹਾਸਲ ਨਹੀਂ ਕਰ ਸਕਦੀ ॥੩॥
10748	245	ਮੁੰਧ ਇਆਣੀ ਭੋਲੀ ਨਿਗੁਣੀਆ ਜੀਉ ਪਿਰੁ ਅਗਮ ਅਪਾਰਾ॥	ਜੀਵ ਰੂਪੀ (ਮੁੰਧ) ਇਸਤ੍ਰੀ। ਭੋ-ਲੀ: ਪੋਲਾ ਬੋਲੋ	Mundhh Eiaanee Bholee Niguneeaa Jeeo Pir Agam Apaaraa ||	The bride is foolish, ignorant and unworthy. Her Husband Lord is Unapproachable and Incomparable.	(ਇਕ ਪਾਸੇ ਜੀਵ-ਇਸਤ੍ਰੀ) ਮੂਰਖ ਹੈ ਅੰਵਾਣ ਹੈ ਭੋਲੀ ਹੈ (ਕਿ ਵਿਕਾਰਾਂ ਦੇ ਦਾਵਾਂ ਤੋਂ ਬਚਣਾ ਨਹੀਂ ਜਾਣਦੀ) ਤੇ ਗੁਣ-ਹੀਨ ਹੈ (ਦੂਜੇ ਪਾਸੇ) ਪ੍ਰਭੂ-ਪਤੀ ਅਪਹੁੰਚ ਹੈ ਤੇ ਬੇਅੰਤ ਹੈ (ਇਹੋ ਜਿਹੀ ਜੀਵ-ਇਸਤ੍ਰੀ ਦਾ ਪ੍ਰਭੂ-ਪਤੀ ਨਾਲ ਮਿਲਾਪ ਕਿਵੇਂ ਹੋਵੇ?)।

10749	245	ਆਪੇ ਮੇਲਿ ਮਿਲੀਐ ਜੀਉ ਆਪੇ ਬਖਸਣਹਾਰਾ॥		Aapae Mael Mileeai Jeeo Aapae Bakhasanehaaraa ||	He Himself unites us in His Union; He Himself forgives us.	ਜੇ ਪ੍ਰਭੂ ਆਪੇ ਹੀ (ਜੀਵ-ਇਸਤ੍ਰੀ ਨੂੰ) ਮਿਲਾਏ ਤਾਂ ਮਿਲਾਪ ਹੋ ਸਕਦਾ ਹੈ, ਉਹ ਆਪ ਹੀ (ਜੀਵ-ਇਸਤ੍ਰੀਆਂ ਦੀਆਂ ਭੁੱਲਾਂ) ਬਖ਼ਸ਼ਣ ਵਾਲਾ ਹੈ।
10750	245	ਅਵਗਣ ਬਖਸਣਹਾਰਾ ਕਾਮਣਿ ਕੰਤੁ ਪਿਆਰਾ ਘਟਿ ਘਟਿ ਰਹਿਆ ਸਮਾਈ॥		Avagan Bakhasanehaaraa Kaaman Kanth Piaaraa Ghatt Ghatt Rehiaa Samaaee ||	The soul-bride's Beloved Husband Lord is the Forgiver of sins; He is contained in each and every heart.	ਪਿਆਰਾ ਪ੍ਰਭੂ-ਕੰਤ ਜੀਵ-ਇਸਤ੍ਰੀ ਦੇ ਔਗੁਣ ਬਖ਼ਸ਼ਣ ਦੀ ਸਮਰੱਥਾ ਰੱਖਦਾ ਹੈ, ਤੇ ਉਹ ਹਰੇਕ ਸਰੀਰ ਵਿਚ ਵੱਸ ਰਿਹਾ ਹੈ (ਇਸ ਤਰ੍ਹਾਂ ਸਭ ਦੇ ਗੁਣ ਔਗੁਣ ਜਾਣਦਾ ਹੈ)।
10751	245	ਪ੍ਰੇਮ ਪ੍ਰੀਤਿ ਭਾਇ ਭਗਤੀ ਪਾਈਐ ਸਤਿਗੁਰਿ ਬੂਝ ਬੁਝਾਈ॥	(ਬੂੱਝ) ਸਿੱਖਿਆ। (ਬੁੱਝਾਈ) ਸਮਝਾਈ	Praem Preeth Bhaae Bhagathee Paaeeai Sathigur Boojh Bujhaaee ||	The True Guru has made me understand this understanding, that the Lord is obtained through love, affection and loving devotion.	ਸਤਿਗੁਰੂ ਨੇ ਇਹ ਸਿੱਖਿਆ ਦਿੱਤੀ ਹੈ ਕਿ ਉਹ ਕੰਤ-ਪ੍ਰਭੂ ਪ੍ਰੇਮ-ਪ੍ਰੀਤਿ ਨਾਲ ਮਿਲਦਾ ਹੈ ਭਗਤੀ-ਭਾਵ ਨਾਲ ਮਿਲਦਾ ਹੈ।
10752	245	ਸਦਾ ਅਨੰਦਿ ਰਹੈ ਦਿਨ ਰਾਤੀ ਅਨਦਿਨੁ ਰਹੈ ਲਿਵ ਲਾਈ॥		Sadhaa Anandh Rehai Dhin Raathee Anadhin Rehai Liv Laaee ||	She remains forever in bliss, day and night; she remains immersed in His Love, night and day.	(ਜੇਹੜੀ ਜੀਵ-ਇਸਤ੍ਰੀ ਗੁਰੂ ਦੀ ਇਸ ਸਿੱਖਿਆ ਉਤੇ ਤੁਰਦੀ ਹੈ) ਉਹ ਹਰ ਵੇਲੇ ਦਿਨ ਰਾਤ ਆਨੰਦ ਵਿਚ ਰਹਿੰਦੀ ਹੈ ਉਹ ਹਰ ਵੇਲੇ (ਪ੍ਰਭੂ-ਚਰਨਾਂ ਵਿਚ) ਸੁਰਤ ਜੋੜੀ ਰੱਖਦੀ ਹੈ,

10753	245	ਨਾਨਕ ਸਹਜੇ ਹਰਿ ਵਰੁ ਪਾਇਆ ਸਾ ਧਨ ਨਉ ਨਿਧਿ ਪਾਈ॥੪॥੩॥		Naanak Sehajae Har Var Paaeiaa Saa Dhhan No Nidhh Paaee ||4||3||	O Nanak, that soul-bride who obtains the nine treasures, intuitively obtains her Husband Lord. ||4||3||	ਹੇ ਨਾਨਕ! ਆਤਮਕ ਅਡੋਲਤਾ ਵਿਚ ਟਿਕ ਕੇ ਉਹ ਪ੍ਰਭੂ-ਪਤੀ ਨੂੰ ਮਿਲ ਪੈਂਦੀ ਹੈ ਉਸ ਜੀਵ-ਇਸਤ੍ਰੀ ਨੇ, ਮਾਨੋ, ਦੁਨੀਆ ਦੇ ਨੌ ਹੀ ਖ਼ਜ਼ਾਨੇ ਹਾਸਲ ਕਰ ਲਏ ਹਨ ॥੪॥੩॥
10754	245	ਗਉੜੀ ਮਹਲਾ ੩॥		Gourree Mehalaa 3 ||	Gauree, Third Mehl:	
10755	245	ਮਾਇਆ ਸਰੁ ਸਬਲੁ ਵਰਤੈ ਜੀਉ ਕਿਉ ਕਰਿ ਦੁਤਰੁ ਤਰਿਆ ਜਾਇ॥	(ਸਰੁ) ਸਮੁੰਦ੍ਰ। (ਸ-ਬਲੁ) ਬਲ ਸਹਿਤ। ਦੁੱਤ-ਰੁ	Maaeiaa Sar Sabal Varathai Jeeo Kio Kar Dhuthar Thariaa Jaae ||	The sea of Maya is agitated and turbulent; how can anyone cross over this terrifying world-ocean?	ਮਾਇਆ (ਦੇ ਮੋਹ) ਦਾ ਠਾਠਾਂ ਮਾਰ ਰਿਹਾ ਸਰੋਵਰ ਆਪਣਾ ਜ਼ੋਰ ਪਾ ਰਿਹਾ ਹੈ, ਇਸ ਵਿਚੋਂ ਤਰਨਾ ਭੀ ਬਹੁਤ ਔਖਾ ਹੈ।
10756	245	ਰਾਮ ਨਾਮੁ ਕਰਿ ਬੋਹਿਥਾ ਜੀਉ ਸਬਦੁ ਖੇਵਟੁ ਵਿਚਿ ਪਾਇ॥	(ਬੋਹਿਥਾ) ਜਹਾਜ। (ਖੇਵਟੁ) ਮਲਾਹ	Raam Naam Kar Bohithhaa Jeeo Sabadh Khaevatt Vich Paae ||	Make the Lord's Name your boat, and install the Word of the Shabad as the boatman.	(ਹੇ ਭਾਈ!) ਕਿਵੇਂ ਇਸ ਵਿਚੋਂ ਪਾਰ ਲੰਘਿਆ ਜਾਏ? ਹੇ ਭਾਈ! ਪਰਮਾਤਮਾ ਦੇ ਨਾਮ ਨੂੰ ਜਹਾਜ਼ ਬਣਾ, ਗੁਰੂ ਦੇ ਸ਼ਬਦ ਨੂੰ ਮਲਾਹ ਬਣਾ ਕੇ (ਉਸ ਜ਼ਹਾਜ਼) ਵਿਚ ਬਿਠਾ।

10757	245	ਸਬਦੁ ਖੇਵਟੁ ਵਿਚਿ ਪਾਏ ਹਰਿ ਆਪਿ ਲਘਾਏ ਇਨ ਬਿਧਿ ਦੁਤਰੁ ਤਰੀਐ॥		Sabadh Khaevatt Vich Paaeae Har Aap Laghaaeae Ein Bidhh Dhuthar Thareeai ||	With the Shabad installed as the boatman, the Lord Himself shall take you across. In this way, the difficult ocean is crossed.	ਜੇ ਮਨੁੱਖ ਪਰਮਾਤਮਾ ਦੇ ਨਾਮ-ਜਹਾਜ਼ ਵਿਚ ਗੁਰੂ ਦੇ ਸ਼ਬਦ-ਮਲਾਹ ਨੂੰ ਬਿਠਾ ਦੇਵੇ, ਤਾਂ ਪਰਮਾਤਮਾ ਆਪ ਹੀ (ਮਾਇਆ ਦੇ ਸਰੋਵਰ ਤੋਂ) ਪਾਰ ਲੰਘਾ ਦੇਂਦਾ ਹੈ। (ਹੇ ਭਾਈ!) ਇਸ ਦੁੱਤਰ ਮਾਇਆ-ਸਰ ਵਿਚੋਂ ਇਉਂ ਪਾਰ ਲੰਘ ਸਕੀਦਾ ਹੈ।
10758	245	ਗੁਰਮੁਖਿ ਭਗਤਿ ਪਰਾਪਤਿ ਹੋਵੈ ਜੀਵਤਿਆ ਇਉ ਮਰੀਐ॥		Guramukh Bhagath Paraapath Hovai Jeevathiaa Eio Mareeai ||	The Gurmukh obtains devotional worship of the Lord, and thus remains dead while yet alive.	ਗੁਰੂ ਦੀ ਸਰਨ ਪਿਆਂ ਪਰਮਾਤਮਾ ਦੀ ਭਗਤੀ ਪ੍ਰਾਪਤ ਹੋ ਜਾਂਦੀ ਹੈ, ਇਸ ਤਰ੍ਹਾਂ ਦੁਨੀਆ ਦੇ ਕਾਰ-ਵਿਹਾਰ ਕਰਦਿਆਂ ਹੀ ਮਾਇਆ ਵਲੋਂ ਅਛੋਹ ਹੋ ਜਾਈਦਾ ਹੈ।
10759	245	ਖਿਨ ਮਹਿ ਰਾਮ ਨਾਮਿ ਕਿਲਵਿਖ ਕਾਟੇ ਭਏ ਪਵਿਤੁ ਸਰੀਰਾ॥		Khin Mehi Raam Naam Kilavikh Kaattae Bheae Pavith Sareeraa ||	In an instant, the Lord's Name erases his sinful mistakes, and his body becomes pure.	ਪਰਮਾਤਮਾ ਦੇ ਨਾਮ ਦੀ ਬਰਕਤਿ ਨਾਲ (ਸਾਰੇ) ਪਾਪ ਇਕ ਖਿਨ ਵਿਚ ਕੱਟੇ ਜਾਂਦੇ ਹਨ। (ਜਿਸ ਦੇ ਕੱਟੇ ਜਾਂਦੇ ਹਨ, ਉਸ ਦਾ) ਸਰੀਰ ਪਵਿਤ੍ਰ ਹੋ ਜਾਂਦਾ ਹੈ।
10760	245	ਨਾਨਕ ਰਾਮ ਨਾਮਿ ਨਿਸਤਾਰਾ ਕੰਚਨ ਭਏ ਮਨੂਰਾ॥੧॥	(ਕੰਚਨ) ਸੋਨਾ। (ਮਨੂਰਾ) ਲੋਹੇ ਦੀ ਮੈਲ਼	Naanak Raam Naam Nisathaaraa Kanchan Bheae Manooraa ||1||	O Nanak, through the Lord's Name, emancipation is obtained, and the slag iron is transformed into gold. ||1||	ਹੇ ਨਾਨਕ! ਪਰਮਾਤਮਾ ਦੇ ਨਾਮ ਦੀ ਰਾਹੀਂ ਹੀ (ਮਾਇਆ-ਸਰ ਤੋਂ) ਪਾਰ ਲੰਘੀਦਾ ਹੈ ਤੇ ਲੋਹੇ ਦੀ ਮੈਲ (ਵਰਗਾ ਨਕਾਰਾ ਹੋਇਆ ਮਨ) ਸੋਨਾ ਬਣ ਜਾਂਦਾ ਹੈ ॥੧॥

10761	246	ਇਸਤਰੀ ਪੁਰਖ ਕਾਮਿ ਵਿਆਪੇ ਜੀਉ ਰਾਮ ਨਾਮ ਕੀ ਬਿਧਿ ਨਹੀ ਜਾਣੀ॥	ਬਿਧਿ: ਪੋਲਾ ਬੋਲੋ	Eisatharee Purakh Kaam Viaapae Jeeo Raam Naam Kee Bidhh Nehee Jaanee ||	Men and women are obsessed with sex; they do not know the Way of the Lord's Name.	(ਮਾਇਆ ਦੇ ਮੋਹ ਦੇ ਪ੍ਰਭਾਵ ਵਿਚ) ਇਸਤ੍ਰੀ ਅਤੇ ਮਰਦ ਕਾਮ-ਵਾਸ਼ਨਾ ਵਿਚ ਫਸੇ ਰਹਿੰਦੇ ਹਨ, ਪਰਮਾਤਮਾ ਦਾ ਨਾਮ ਸਿਮਰਨ ਦੀ ਜਾਚ ਨਹੀਂ ਸਿੱਖਦੇ।
10762	246	ਮਾਤ ਪਿਤਾ ਸੁਤ ਭਾਈ ਖਰੇ ਪਿਆਰੇ ਜੀਉ ਡੂਬਿ ਮੁਏ ਬਿਨੁ ਪਾਣੀ॥		Maath Pithaa Suth Bhaaee Kharae Piaarae Jeeo Ddoob Mueae Bin Paanee ||	Mother, father, children and siblings are very dear, but they drown, even without water.	(ਮਾਇਆ ਦੇ ਮੋਹ ਵਿਚ ਫਸੇ ਜੀਵਾਂ ਨੂੰ ਆਪਣੇ) ਮਾਂ ਪਿਉ ਪੁੱਤਰ, ਭਰਾ (ਹੀ) ਬਹੁਤ ਪਿਆਰੇ ਲੱਗਦੇ ਹਨ, (ਜਿਸ ਸਰੋਵਰ ਵਿਚ) ਪਾਣੀ ਨਹੀਂ, (ਪਾਣੀ ਦੀ ਥਾਂ ਮੋਹ ਹੈ ਉਸ ਵਿਚ) ਡੁੱਬ ਕੇ (ਨਕਾ-ਨਕ ਫਸ ਕੇ) ਆਤਮਕ ਮੌਤ ਸਹੇੜ ਲੈਂਦੇ ਹਨ।
10763	246	ਡੂਬਿ ਮੁਏ ਬਿਨੁ ਪਾਣੀ ਗਤਿ ਨਹੀ ਜਾਣੀ ਹਉਮੈ ਧਾਤੁ ਸੰਸਾਰੇ॥	(ਧਾਤੁ) ਭਟਕਦੇ	Ddoob Mueae Bin Paanee Gath Nehee Jaanee Houmai Dhhaath Sansaarae ||	They are drowned to death without water - they do not know the path of salvation, and they wander around the world in egotism.	ਮੋਹ-ਰੂਪੀ ਪਾਣੀ ਵਾਲੇ ਮਾਇਆ-ਸਰ ਵਿਚ ਨਕਾ-ਨਕ ਫਸ ਕੇ ਜੀਵ ਆਤਮਕ ਮੌਤ ਸਹੇੜਦੇ ਹਨ ਤੇ ਆਪਣੇ ਆਤਮਕ ਜੀਵਨ ਨੂੰ ਨਹੀਂ ਪਰਖਦੇ-ਜਾਚਦੇ। (ਇਸ ਤਰ੍ਹਾਂ) ਸੰਸਾਰ ਵਿਚ (ਜੀਵਾਂ ਨੂੰ) ਹਉਮੈ ਦੀ ਭਟਕਣਾ ਲੱਗੀ ਹੋਈ ਹੈ।

10764	246	ਜੋ ਆਇਆ ਸੋ ਸਭੁ ਕੋ ਜਾਸੀ ਉਬਰੇ ਗੁਰ ਵੀਚਾਰੇ॥	(ਉਬਰੇ) ਬਚੇ	Jo Aaeiaa So Sabh Ko Jaasee Oubarae Gur Veechaarae ||	All those who come into the world shall depart. Only those who contemplate the Guru shall be saved.	ਜੇਹੜਾ ਭੀ ਜੀਵ ਜਗਤ ਵਿਚ (ਜਨਮ ਲੈ ਕੇ) ਆਉਂਦਾ ਹੈ ਉਹ (ਇਸ ਭਟਕਣਾ ਵਿਚ) ਫਸਦਾ ਜਾਂਦਾ ਹੈ, (ਇਸ ਵਿਚੋਂ ਉਹੀ) ਬਚਦੇ ਹਨ ਜੋ ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਵਸਾਂਦੇ ਹਨ।
10765	246	ਗੁਰਮੁਖਿ ਹੋਵੈ ਰਾਮ ਨਾਮੁ ਵਖਾਣੈ ਆਪਿ ਤਰੈ ਕੁਲ ਤਾਰੇ॥	(ਵਖਾਣੈ) ਉਚਾਰੇ	Guramukh Hovai Raam Naam Vakhaanai Aap Tharai Kul Thaarae ||	Those who become Gurmukh and chant the Lord's Name, save themselves and save their families as well.	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਪਰਮਾਤਮਾ ਦਾ ਨਾਮ ਉਚਾਰਦਾ ਹੈ, ਉਹ ਆਪ (ਇਸ ਮਾਇਆ-ਸਰ ਤੋਂ) ਪਾਰ ਲੰਘ ਜਾਂਦਾ ਹੈ, ਆਪਣੀਆਂ ਕੁਲਾਂ ਨੂੰ ਭੀ ਪਾਰ ਲੰਘਾ ਲੈਂਦਾ ਹੈ।
10766	246	ਨਾਨਕ ਨਾਮੁ ਵਸੈ ਘਟ ਅੰਤਰਿ ਗੁਰਮਤਿ ਮਿਲੇ ਪਿਆਰੇ॥੨॥		Naanak Naam Vasai Ghatt Anthar Guramath Milae Piaarae ||2||	O Nanak, the Naam, the Name of the Lord, abides deep within their hearts; through the Guru's Teachings, they meet their Beloved. ||2||	ਹੇ ਨਾਨਕ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਉਹ ਗੁਰੂ ਦੀ ਮਤਿ ਦਾ ਆਸਰਾ ਲੈ ਕੇ ਪਿਆਰੇ ਪ੍ਰਭੂ ਨੂੰ ਮਿਲ ਪੈਂਦਾ ਹੈ ॥੨॥
10767	246	ਰਾਮ ਨਾਮ ਬਿਨੁ ਕੋ ਥਿਰੁ ਨਾਹੀ ਜੀਉ ਬਾਜੀ ਹੈ ਸੰਸਾਰਾ॥		Raam Naam Bin Ko Thhir Naahee Jeeo Baajee Hai Sansaaraa ||	Without the Lord's Name, nothing is stable. This world is just a drama.	ਹੇ ਭਾਈ! ਇਹ ਜਗਤ (ਪਰਮਾਤਮਾ ਦੀ ਰਚੀ ਹੋਈ ਇਕ) ਖੇਡ ਹੈ (ਇਸ ਵਿਚ) ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਸਦਾ ਕਾਇਮ ਰਹਿਣ ਵਾਲਾ ਨਹੀਂ ਹੈ।

10768	246	ਦ੍ਰਿੜੁ ਭਗਤਿ ਸਚੀ ਜੀਉ ਰਾਮੁ ਨਾਮੁ ਵਾਪਾਰਾ॥		Dhrirr Bhagath Sachee Jeeo Raam Naam Vaapaaraa ||	Implant true devotional worship within your heart, and trade in the Name of the Lord.	ਹੇ ਭਾਈ! ਪਰਮਾਤਮਾ ਦੀ ਭਗਤੀ ਨੂੰ (ਆਪਣੇ ਹਿਰਦੇ ਵਿਚ) ਪੱਕੀ ਤਰ੍ਹਾਂ ਟਿਕਾ ਰੱਖ (ਇਹੀ) ਸਦਾ ਰਹਿਣ ਵਾਲੀ (ਚੀਜ਼) ਹੈ, ਪਰਮਾਤਮਾ ਦਾ ਨਾਮ-ਵਣਜ ਹੀ ਸਦਾ ਕਾਇਮ ਰਹਿਣ ਵਾਲਾ ਹੈ।
10769	246	ਰਾਮ ਨਾਮੁ ਵਾਪਾਰਾ ਅਗਮ ਅਪਾਰਾ ਗੁਰਮਤੀ ਧਨੁ ਪਾਈਐ॥	ਨਾਮ ਧਨੁ	Raam Naam Vaapaaraa Agam Apaaraa Guramathee Dhhan Paaeeai ||	Trade in the Lord's Name is infinite and unfathomable. Through the Guru's Teachings, this wealth is obtained.	ਅਪਹੁੰਚ ਤੇ ਬੇਅੰਤ ਪਰਮਾਤਮਾ ਦਾ ਨਾਮ-ਵਣਜ ਹੀ ਸਦਾ ਕਾਇਮ ਰਹਿਣ ਵਾਲਾ ਧਨ ਹੈ, ਇਹ ਧਨ ਗੁਰੂ ਦੀ ਮਤਿ ਤੇ ਤੁਰਿਆਂ ਮਿਲਦਾ ਹੈ।
10770	246	ਸੇਵਾ ਸੁਰਤਿ ਭਗਤਿ ਇਹ ਸਾਚੀ ਵਿਚਹੁ ਆਪੁ ਗਵਾਈਐ॥		Saevaa Surath Bhagath Eih Saachee Vichahu Aap Gavaaeeai ||	This selfless service, meditation and devotion is true, if you eliminate selfishness and conceit from within.	ਪ੍ਰਭੂ ਦੀ ਸੇਵਾ-ਭਗਤੀ, ਪ੍ਰਭੂ-ਚਰਨਾਂ ਵਿਚ ਸੁਰਤ ਜੋੜਨੀ-ਇਹ ਸਦਾ ਕਾਇਮ ਰਹਿਣ ਵਾਲੀ (ਰਾਸਿ) ਹੈ (ਇਸ ਦੀ ਬਰਕਤਿ ਨਾਲ ਆਪਣੇ) ਅੰਦਰੋਂ ਆਪਾ-ਭਾਵ ਦੂਰ ਕਰ ਸਕੀਦਾ ਹੈ।
10771	246	ਹਮ ਮਤਿ ਹੀਣ ਮੂਰਖ ਮੁਗਧ ਅੰਧੇ ਸਤਿਗੁਰਿ ਮਾਰਗਿ ਪਾਏ॥		Ham Math Heen Moorakh Mugadhh Andhhae Sathigur Maarag Paaeae ||	I am senseless, foolish, idiotic and blind, but the True Guru has placed me on the Path.	ਸਾਨੂੰ ਮਤਿ-ਹੀਣਿਆਂ ਨੂੰ, ਮੂਰਖਾਂ ਨੂੰ, ਮਾਇਆ ਦੇ ਮੋਹ ਵਿਚ ਅੰਨ੍ਹੇ ਹੋਇਆਂ ਨੂੰ ਸਤਿਗੁਰੂ ਨੇ ਹੀ ਜੀਵਨ ਦੇ ਸਹੀ ਰਸਤੇ ਉਤੇ ਪਾਇਆ ਹੈ।

10772	246	ਨਾਨਕ ਗੁਰਮੁਖਿ ਸਬਦਿ ਸੁਹਾਵੇ ਅਨ ਦਿਨੁ ਹਰਿ ਗੁਣ ਗਾਏ॥੩॥	(ਸੁਹਾਵੇ) ਸੋਭਨੀਕ	Naanak Guramukh Sabadh Suhaavae Anadhin Har Gun Gaaeae ||3||	O Nanak, the Gurmukhs are adorned with the Shabad; night and day, they sing the Glorious Praises of the Lord. ||3||	ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਗੁਰੂ ਦੇ ਸ਼ਬਦ ਵਿਚ (ਜੁੜ ਕੇ) ਸੋਹਣੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ, ਤੇ, ਉਹ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ ॥੩॥
10773	246	ਆਪਿ ਕਰਾਏ ਕਰੇ ਆਪਿ ਜੀਉ ਆਪੇ ਸਬਦਿ ਸਵਾਰੇ॥		Aap Karaaeae Karae Aap Jeeo Aapae Sabadh Savaarae ||	He Himself acts, and inspires others to act; He Himself embellishes us with the Word of His Shabad.	(ਪਰ) ਹੇ ਭਾਈ! (ਜੀਵਾਂ ਦੇ ਕੁੱਝ ਵੱਸ ਨਹੀਂ। ਮਾਇਆ-ਸਰ ਵਿਚੋਂ ਡੁੱਬਣ ਤੋਂ ਬਚਾਣ ਵਾਲਾ ਪ੍ਰਭੂ ਆਪ ਹੀ ਹੈ) ਪ੍ਰਭੂ ਆਪ ਹੀ (ਪ੍ਰੇਰਨਾ ਕਰ ਕੇ ਜੀਵਾਂ ਪਾਸੋਂ ਕੰਮ) ਕਰਾਂਦਾ ਹੈ (ਜੀਵਾਂ ਵਿਚ ਵਿਆਪਕ ਹੋ ਕੇ) ਆਪ ਹੀ (ਸਭ ਕੁਝ) ਕਰਦਾ ਹੈ, ਪ੍ਰਭੂ ਆਪ ਹੀ ਗੁਰੂ ਦੇ ਸ਼ਬਦ ਵਿਚ ਜੋੜ ਕੇ (ਜੀਵਾਂ ਦੇ) ਜੀਵਨ ਸੋਹਣੇ ਬਣਾਂਦਾ ਹੈ।
10774	246	ਆਪੇ ਸਤਿਗੁਰੁ ਆਪਿ ਸਬਦੁ ਜੀਉ ਜੁਗੁ ਜੁਗੁ ਭਗਤ ਪਿਆਰੇ॥	ਜੁੱਗੁ ਜੁੱਗੁ	Aapae Sathigur Aap Sabadh Jeeo Jug Jug Bhagath Piaarae ||	He Himself is the True Guru, and He Himself is the Shabad; in each and every age, He loves His devotees.	ਪ੍ਰਭੂ ਆਪ ਹੀ ਸਤਿਗੁਰੂ ਮਿਲਾਂਦਾ ਹੈ, ਆਪ ਹੀ (ਗੁਰੂ ਦਾ) ਸ਼ਬਦ ਬਖ਼ਸ਼ਦਾ ਹੈ, ਤੇ ਆਪ ਹੀ ਹਰੇਕ ਜੁਗ ਵਿਚ ਆਪਣੇ ਭਗਤਾਂ ਨੂੰ ਪਿਆਰ ਕਰਦਾ ਹੈ।

10775	246	ਜੁਗੁ ਜੁਗੁ ਭਗਤ ਪਿਆਰੇ ਹਰਿ ਆਪਿ ਸਵਾਰੇ ਆਪੇ ਭਗਤੀ ਲਾਏ॥		Jug Jug Bhagath Piaarae Har Aap Savaarae Aapae Bhagathee Laaeae ||	In age after age, He loves His devotees; the Lord Himself adorns them, and He Himself enjoins them to worship Him with devotion.	ਹਰੇਕ ਜੁਗ ਵਿਚ ਹਰੀ ਆਪਣੇ ਭਗਤਾਂ ਨੂੰ ਪਿਆਰ ਕਰਦਾ ਹੈ, ਆਪ ਹੀ ਉਹਨਾਂ ਦੇ ਜੀਵਨ ਸਵਾਰਦਾ ਹੈ, ਆਪ ਹੀ (ਉਹਨਾਂ ਨੂੰ) ਭਗਤੀ ਵਿਚ ਜੋੜਦਾ ਹੈ।
10776	246	ਆਪੇ ਦਾਨਾ ਆਪੇ ਬੀਨਾ ਆਪੇ ਸੇਵ ਕਰਾਏ॥	(ਦਾਨਾ) ਜਾਨਣ ਵਾਲੇ। (ਬੀਨਾ) ਦੇਖਣ ਵਾਲੇ	Aapae Dhaanaa Aapae Beenaa Aapae Saev Karaaeae ||	He Himself is All-knowing, and He Himself is All-seeing; He inspires us to serve Him.	ਉਹ ਆਪ ਹੀ ਸਭ ਦੇ ਦਿਲ ਦੀ ਜਾਣਨ ਵਾਲਾ ਤੇ ਪਛਾਣਨ ਵਾਲਾ ਹੈ, ਉਹ ਆਪ ਹੀ (ਆਪਣੇ ਭਗਤਾਂ ਪਾਸੋਂ ਆਪਣੀ) ਸੇਵਾ-ਭਗਤੀ ਕਰਾਂਦਾ ਹੈ।
10777	246	ਆਪੇ ਗੁਣਦਾਤਾ ਅਵਗੁਣ ਕਾਟੇ ਹਿਰਦੈ ਨਾਮੁ ਵਸਾਏ॥		Aapae Gunadhaathaa Avagun Kaattae Hiradhai Naam Vasaaeae ||	He Himself is the Giver of merits, and the Destroyer of demerits; He causes His Name to dwell within our hearts.	(ਹੇ ਭਾਈ!) ਪਰਮਾਤਮਾ ਆਪ ਹੀ (ਆਪਣੇ) ਗੁਣਾਂ ਦੀ ਦਾਤ ਬਖ਼ਸ਼ਦਾ ਹੈ, (ਸਾਡੇ) ਅਉਗਣ ਦੂਰ ਕਰਦਾ ਹੈ, ਤੇ (ਸਾਡੇ) ਹਿਰਦੇ ਵਿਚ (ਆਪਣਾ) ਨਾਮ ਵਸਾਂਦਾ ਹੈ।
10778	246	ਨਾਨਕ ਸਦ ਬਲਿਹਾਰੀ ਸਚੇ ਵਿਟਹੁ ਆਪੇ ਕਰੇ ਕਰਾਏ॥੪॥੪॥	(ਵਿਟਹੁ) ਉੱਪਰੋਂ	Naanak Sadh Balihaaree Sachae Vittahu Aapae Karae Karaaeae ||4||4||	Nanak is forever a sacrifice to the True Lord, who Himself is the Doer, the Cause of causes. ||4||4||	ਹੇ ਨਾਨਕ! (ਆਖ-ਮੈਂ) ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਤੋਂ ਸਦਾ ਸਦਕੇ ਜਾਂਦਾ ਹਾਂ, ਉਹ ਆਪ ਹੀ ਸਭ ਕੁਝ ਕਰਦਾ ਹੈ ਤੇ ਆਪ ਹੀ ਸਭ ਕੁਝ ਕਰਾਂਦਾ ਹੈ ॥੪॥੪॥
10779	246	ਗਉੜੀ ਮਹਲਾ ੩॥		Gourree Mehalaa 3 ||	Gauree, Third Mehl:	

10780	246	ਗੁਰ ਕੀ ਸੇਵਾ ਕਰਿ ਪਿਰਾ ਜੀਉ ਹਰਿ ਨਾਮੁ ਧਿਆਏ॥	(ਪਿਰਾ) ਪਿਆਰੇ (ਜੀਉ) ਜੀਵ	Gur Kee Saevaa Kar Piraa Jeeo Har Naam Dhhiaaeae ||	Serve the Guru, O my dear soul; meditate on the Lord's Name.	ਹੇ ਪਿਆਰੀ ਜਿੰਦੇ! ਗੁਰੂ ਦੀ ਸੇਵਾ ਕਰ (ਗੁਰੂ ਦੀ ਸਰਨ ਪਉ, ਅਤੇ) ਪਰਮਾਤਮਾ ਦਾ ਨਾਮ ਸਿਮਰ,
10781	246	ਮੰਞਹੁ ਦੂਰਿ ਨ ਜਾਹਿ ਪਿਰਾ ਜੀਉ ਘਰਿ ਬੈਠਿਆ ਹਰਿ ਪਾਏ॥	(ਮੰਞ-ਹੁ) ਮੇਰੇ ਤੋਂ	Mannjahu Dhoor N Jaahi Piraa Jeeo Ghar Baithiaa Har Paaeae ||	Do not leave me, O my dear soul - you shall find the Lord while sitting within the home of your own being.	(ਇਸ ਤਰ੍ਹਾਂ) ਤੂੰ ਆਪਣੇ ਆਪ ਵਿਚੋਂ ਦੂਰ ਨਹੀਂ ਜਾਹਿਂਗੀ (ਮਾਇਆ ਦੇ ਮੋਹ ਵਿਚ ਭਟਕਣ ਤੋਂ ਬਚ ਜਾਹਿਂਗੀ)। (ਹੇ ਜਿੰਦੇ!) ਹਿਰਦੇ-ਘਰ ਵਿਚ ਟਿਕੇ ਰਿਹਾਂ ਪਰਮਾਤਮਾ ਮਿਲ ਪੈਂਦਾ ਹੈ।
10782	246	ਘਰਿ ਬੈਠਿਆ ਹਰਿ ਪਾਏ ਸਦਾ ਚਿਤੁ ਲਾਏ ਸਹਜੇ ਸਤਿ ਸੁਭਾਏ॥	ਸਤਿ ਸਰੂਪ ਪ੍ਰਮਾਤਮਾ ਜੀ। (ਸੁਭਾਏ) ਸ੍ਰੇਸ਼ਟ ਭਾਵਨਾ	Ghar Baithiaa Har Paaeae Sadhaa Chith Laaeae Sehajae Sath Subhaaeae ||	You shall obtain the Lord while sitting within the home of your own being, focusing your consciousness constantly upon the Lord, with true intuitive faith.	ਜੇਹੜਾ ਜੀਵ ਆਤਮਕ ਅਡੋਲਤਾ ਵਿਚ ਟਿਕ ਕੇ, ਸਦਾ-ਥਿਰ ਪ੍ਰਭੂ ਦੇ ਪ੍ਰੇਮ ਵਿਚ ਜੁੜ ਕੇ ਸਦਾ (ਪ੍ਰਭੂ-ਚਰਨਾਂ ਵਿਚ) ਚਿੱਤ ਜੋੜਦਾ ਹੈ, ਉਹ ਹਿਰਦੇ-ਘਰ ਵਿਚ ਟਿਕਿਆ ਰਹਿ ਕੇ ਪਰਮਾਤਮਾ ਨੂੰ ਲੱਭ ਲੈਂਦਾ ਹੈ।
10783	246	ਗੁਰ ਕੀ ਸੇਵਾ ਖਰੀ ਸੁਖਾਲੀ ਜਿਸ ਨੋ ਆਪਿ ਕਰਾਏ॥	(ਖਰੀ) ਬਹੁਤ	Gur Kee Saevaa Kharee Sukhaalee Jis No Aap Karaaeae ||	Serving the Guru brings great peace; they alone do it, whom the Lord inspires to do so.	(ਸੋ, ਹੇ ਜਿੰਦੇ!) ਗੁਰੂ ਦੀ ਦੱਸੀ ਸੇਵਾ ਬਹੁਤ ਸੁਖ ਦੇਣ ਵਾਲੀ ਹੈ (ਪਰ ਇਹ ਸੇਵਾ ਉਹੀ ਮਨੁੱਖ ਕਰਦਾ ਹੈ) ਜਿਸ ਪਾਸੋਂ ਪਰਮਾਤਮਾ ਆਪ ਕਰਾਏ (ਜਿਸ ਨੂੰ ਆਪ ਪ੍ਰੇਰਨਾ ਕਰੇ)।

10784	246	ਨਾਮੋ ਬੀਜੇ ਨਾਮੋ ਜੰਮੈ ਨਾਮੋ ਮੰਨਿ ਵਸਾਏ॥		Naamo Beejae Naamo Janmai Naamo Mann Vasaaeae ||	They plant the seed of the Name, and the Name sprouts within; the Name abides within the mind.	(ਉਹ ਮਨੁੱਖ ਫਿਰ ਆਪਣੇ ਹਿਰਦੇ-ਖੇਤ ਵਿਚ) ਪਰਮਾਤਮਾ ਦਾ ਨਾਮ ਹੀ ਬੀਜਦਾ ਹੈ (ਉਥੇ) ਨਾਮ ਹੀ ਉੱਗਦਾ ਹੈ, ਉਹ ਮਨੁੱਖ ਆਪਣੇ ਮਨ ਵਿਚ ਸਦਾ ਨਾਮ ਹੀ ਵਸਾਈ ਰੱਖਦਾ ਹੈ।
10785	246	ਨਾਨਕ ਸਚਿ ਨਾਮਿ ਵਡਿਆਈ ਪੂਰਬਿ ਲਿਖਿਆ ਪਾਏ॥੧॥	(ਪੂਰਬਿ) ਪਿਛਲਾ	Naanak Sach Naam Vaddiaaee Poorab Likhiaa Paaeae ||1||	O Nanak, glorious greatness rests in the True Name; It is obtained by perfect pre-ordained destiny. ||1||	ਹੇ ਨਾਨਕ! ਸਦਾ-ਥਿਰ ਪ੍ਰਭੂ ਵਿਚ ਜੁੜ ਕੇ, ਪ੍ਰਭੂ-ਨਾਮ ਵਿਚ ਟਿਕ ਕੇ (ਮਨੁੱਖ ਲੋਕ ਪਰਲੋਕ ਵਿਚ) ਆਦਰ ਪਾਂਦਾ ਹੈ, (ਨਾਮ ਸਿਮਰਨ ਦੀ ਬਰਕਤਿ ਨਾਲ) ਪਹਿਲੇ ਜਨਮ ਵਿਚ ਕੀਤੇ ਭਲੇ ਕਰਮਾਂ ਦੇ ਸੰਸਕਾਰਾਂ ਦਾ ਲੇਖ ਮਨੁੱਖ ਦੇ ਅੰਦਰ ਉੱਘੜ ਪੈਂਦਾ ਹੈ ॥੧॥
10786	246	ਹਰਿ ਕਾ ਨਾਮੁ ਮੀਠਾ ਪਿਰਾ ਜੀਉ ਜਾ ਚਾਖਹਿ ਚਿਤੁ ਲਾਏ॥	(ਪਿਰਾ) ਪਿਆਰੇ	Har Kaa Naam Meethaa Piraa Jeeo Jaa Chaakhehi Chith Laaeae ||	The Name of the Lord is so sweet, O my dear; taste it, and focus your consciousness on it.	ਹੇ ਪਿਆਰੀ ਜਿੰਦੇ! ਪਰਮਾਤਮਾ ਦਾ ਨਾਮ ਮਿੱਠਾ ਹੈ (ਪਰ ਇਹ ਤੈਨੂੰ ਤਦੋਂ ਹੀ ਸਮਝ ਆਵੇਗੀ) ਜਦੋਂ ਤੂੰ ਚਿੱਤ ਜੋੜ ਕੇ (ਇਹ ਨਾਮ-ਰਸ) ਚੱਖੇਂਗੀ।
10787	246	ਰਸਨਾ ਹਰਿ ਰਸੁ ਚਾਖੁ ਮੁਯੇ ਜੀਉ ਅਨ ਰਸ ਸਾਦ ਗਵਾਏ॥	(ਮੁਯੇ) ਪਿਆਰੀਏ। ਮੁਯੇ: ਮੰਮੇ ਔਂਕੜ, ਯੇ ਤਾਲੂ ਤੋਂ ਬੋਲੋ	Rasanaa Har Ras Chaakh Muyae Jeeo An Ras Saadh Gavaaeae ||	Taste the sublime essence of the Lord with your tongue, my dear, and renounce the pleasures of other tastes.	ਹੇ ਮੇਰੀ ਨਿਕਰਮਣ ਜੀਭ! ਪਰਮਾਤਮਾ ਦੇ ਨਾਮ ਦਾ ਸੁਆਦ ਚੱਖ, ਤੇ ਹੋਰ ਹੋਰ ਰਸਾਂ ਦੇ ਸੁਆਦ ਛੱਡ ਦੇ।

10788	246	ਸਦਾ ਹਰਿ ਰਸੁ ਪਾਏ ਜਾ ਹਰਿ ਭਾਏ ਰਸਨਾ ਸਬਦਿ ਸੁਹਾਏ॥		Sadhaa Har Ras Paaeae Jaa Har Bhaaeae Rasanaa Sabadh Suhaaeae ||	You shall obtain the everlasting essence of the Lord when it pleases the Lord; your tongue shall be adorned with the Word of His Shabad.	(ਪਰ ਜੀਭ ਦੇ ਭੀ ਕੀਹ ਵੱਸ?) ਜਦੋਂ ਪਰਮਾਤਮਾ ਨੂੰ ਚੰਗਾ ਲੱਗੇ, ਤਦੋਂ ਜੀਭ ਸਦਾ ਪਰਮਾਤਮਾ ਦੇ ਨਾਮ ਦਾ ਸੁਆਦ ਮਾਣਦੀ ਹੈ, ਤੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਸੋਹਣੀ ਹੋ ਜਾਂਦੀ ਹੈ।
10789	246	ਨਾਮੁ ਧਿਆਏ ਸਦਾ ਸੁਖੁ ਪਾਏ ਨਾਮਿ ਰਹੈ ਲਿਵ ਲਾਏ॥		Naam Dhhiaaeae Sadhaa Sukh Paaeae Naam Rehai Liv Laaeae ||	Meditating on the Naam, the Name of the Lord, a lasting peace is obtained; so remain lovingly focused on the Naam.	(ਹੇ ਜਿੰਦੇ!) ਜੇਹੜਾ ਮਨੁੱਖ ਨਾਮ ਸਿਮਰਦਾ ਹੈ ਨਾਮ ਵਿਚ ਸੁਰਤ ਜੋੜੀ ਰੱਖਦਾ ਹੈ, ਉਹ ਸਦਾ ਆਤਮਕ ਆਨੰਦ ਮਾਣਦਾ ਹੈ,
10790	246	ਨਾਮੇ ਉਪਜੈ ਨਾਮੇ ਬਿਨਸੈ ਨਾਮੇ ਸਚਿ ਸਮਾਏ॥		Naamae Oupajai Naamae Binasai Naamae Sach Samaaeae ||	From the Naam we originate, and into the Naam we shall pass; through the Naam, we are absorbed in the Truth.	ਨਾਮ ਦੀ ਬਰਕਤਿ ਨਾਲ ਉਸ ਦੇ ਅੰਦਰ (ਨਾਮ-ਰਸ ਦੀ ਤਾਂਘ) ਪੈਦਾ ਹੁੰਦੀ ਹੈ, ਨਾਮ ਦੀ ਬਰਕਤਿ ਨਾਲ (ਉਸ ਦੇ ਅੰਦਰੋਂ ਹੋਰ ਹੋਰ ਰਸਾਂ ਦੀ ਖਿੱਚ) ਦੂਰ ਹੋ ਜਾਂਦੀ ਹੈ, ਨਾਮ ਸਿਮਰਨ ਦੀ ਬਰਕਤਿ ਨਾਲ ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ।
10791	246	ਨਾਨਕ ਨਾਮੁ ਗੁਰਮਤੀ ਪਾਈਐ ਆਪੇ ਲਏ ਲਵਾਏ॥੨॥		Naanak Naam Guramathee Paaeeai Aapae Leae Lavaaeae ||2||	O Nanak, the Naam is obtained through the Guru's Teachings; He Himself attaches us to it. ||2||	(ਪਰ) ਹੇ ਨਾਨਕ! ਪਰਮਾਤਮਾ ਦਾ ਨਾਮ ਗੁਰੂ ਦੀ ਮਤਿ ਉਤੇ ਤੁਰਿਆਂ ਮਿਲਦਾ ਹੈ, ਪਰਮਾਤਮਾ ਆਪ ਹੀ ਆਪਣੇ ਨਾਮ ਦੀ ਲਗਨ ਪੈਦਾ ਕਰਦਾ ਹੈ ॥੨॥

10792	246	ਏਹ ਵਿਡਾਣੀ ਚਾਕਰੀ ਪਿਰਾ ਜੀਉ ਧਨ ਛੋਡਿ ਪਰਦੇਸਿ ਸਿਧਾਏ॥	(ਵਿਡਾਣੀ) ਬਿਗਾਨੀ। ਚੱਾਕਰੀ	Eaeh Viddaanee Chaakaree Piraa Jeeo Dhhan Shhodd Paradhaes Sidhhaaeae ||	Working for someone else, O my dear, is like forsaking the bride, and going to foreign countries.	ਹੇ ਪਿਆਰੀ ਜਿੰਦੇ! (ਜਿਵੇਂ ਇਹ ਬਿਗਾਨੀ ਨੌਕਰੀ ਬੜੀ ਦੁਖਦਾਈ ਹੁੰਦੀ ਹੈ ਕਿ ਮਨੁੱਖ ਆਪਣੀ ਇਸਤ੍ਰੀ ਨੂੰ ਘਰ ਛੱਡ ਕੇ ਪਰਦੇਸ ਵਿਚ ਚਲਾ ਜਾਂਦਾ ਹੈ,
10793	246	ਦੂਜੈ ਕਿਨੈ ਸੁਖੁ ਨ ਪਾਇਓ ਪਿਰਾ ਜੀਉ ਬਿਖਿਆ ਲੋਭਿ ਲੁਭਾਏ॥		Dhoojai Kinai Sukh N Paaeiou Piraa Jeeo Bikhiaa Lobh Lubhaaeae ||	In duality, no one has ever found peace, O my dear; you are greedy for corruption and greed.	ਤਿਵੇ ਪਰਮਾਤਮਾ ਨੂੰ ਵਿਸਾਰ ਕੇ) ਹੋਰ ਹੋਰ ਖ਼ੁਸ਼ਾਮਦ (ਬੜੀ ਦੁਖਦਾਈ ਹੈ ਕਿਉਂਕਿ) ਜੀਵ-ਇਸਤ੍ਰੀ (ਆਪਣਾ ਅੰਦਰਲਾ ਆਤਮਕ ਟਿਕਾਣਾ) ਛੱਡ ਕੇ ਥਾਂ ਥਾਂ ਬਾਹਰ ਭਟਕਦੀ ਫਿਰਦੀ ਹੈ। ਹੇ ਪਿਆਰੀ ਜਿੰਦੇ! ਮਾਇਆ ਦੇ ਮੋਹ ਵਿਚ ਫਸ ਕੇ ਕਿਸੇ ਨੇ ਕਦੇ ਸੁਖ ਨਹੀਂ ਪਾਇਆ, ਮਨੁੱਖ ਮਾਇਆ ਦੇ ਲੋਭ ਵਿਚ ਫਸ ਜਾਂਦਾ ਹੈ।
10794	246	ਬਿਖਿਆ ਲੋਭਿ ਲੁਭਾਏ ਭਰਮਿ ਭੁਲਾਏ ਓਹੁ ਕਿਉ ਕਰਿ ਸੁਖੁ ਪਾਏ॥		Bikhiaa Lobh Lubhaaeae Bharam Bhulaaeae Ouhu Kio Kar Sukh Paaeae ||	Greedy for corruption and greed, and deluded by doubt, how can anyone find peace?	(ਜਦੋਂ ਮਨੁੱਖ) ਮਾਇਆ ਦੇ ਲੋਭ ਵਿਚ ਫਸਦਾ ਹੈ (ਤਦੋਂ ਮਾਇਆ ਦੀ ਖ਼ਾਤਰ) ਭਟਕਣਾ ਵਿਚ ਪੈ ਕੇ ਕੁਰਾਹੇ ਪੈ ਜਾਂਦਾ ਹੈ (ਉਸ ਹਾਲਤ ਵਿਚ ਇਹ) ਸੁਖ ਕਿਵੇਂ ਪਾ ਸਕਦਾ ਹੈ?

10795	246	ਚਾਕਰੀ ਵਿਡਾਣੀ ਖਰੀ ਦੁਖਾਲੀ ਆਪੁ ਵੇਚਿ ਧਰਮੁ ਗਵਾਏ॥		Chaakaree Viddaanee Kharee Dhukhaalee Aap Vaech Dharam Gavaaeae ||	Working for strangers is very painful; doing so, one sells himself and loses his faith in the Dharma.	(ਹੇ ਜਿੰਦੇ! ਮਾਇਆ ਦੀ ਖ਼ਾਤਰ ਇਹ ਧਿਰ ਧਿਰ ਦੀ ਖ਼ੁਸ਼ਾਮਦ ਬਹੁਤ ਦੁਖਦਾਈ ਹੈ, ਮਨੁੱਖ ਆਪਣਾ ਆਤਮਕ ਜੀਵਨ (ਮਾਇਆ ਦੇ ਵੱਟੇ) ਵੇਚ ਕੇ ਆਪਣਾ ਕਰਤੱਬ ਛੱਡ ਬੈਠਦਾ ਹੈ।
10796	247	ਮਾਇਆ ਬੰਧਨ ਟਿਕੈ ਨਾਹੀ ਖਿਨੁ ਖਿਨੁ ਦੁਖੁ ਸੰਤਾਏ॥	(ਸੰਤਾਏ) ਤੰਗ ਕਰਦੇ	Maaeiaa Bandhhan Ttikai Naahee Khin Khin Dhukh Santhaaeae ||	Bound by Maya, the mind is not stable. Each and every moment, it suffers in pain.	ਮਾਇਆ ਦੇ (ਮੋਹ ਦੇ) ਬੰਧਨਾਂ ਦੇ ਕਾਰਨ ਮਨੁੱਖ ਦਾ ਮਨ (ਇੱਕ ਥਾਂ) ਟਿਕਦਾ ਨਹੀਂ, (ਹਰੇਕ ਕਿਸਮ ਦਾ) ਦੁੱਖ ਇਸ ਨੂੰ ਹਰ ਵੇਲੇ ਕਲੇਸ਼ ਦੇਂਦਾ ਹੈ।
10797	247	ਨਾਨਕ ਮਾਇਆ ਕਾ ਦੁਖੁ ਤਦੇ ਚੂਕੈ ਜਾ ਗੁਰ ਸਬਦੀ ਚਿਤੁ ਲਾਏ॥੩॥		Naanak Maaeiaa Kaa Dhukh Thadhae Chookai Jaa Gur Sabadhee Chith Laaeae ||3||	O Nanak, the pain of Maya is taken away by focusing one's consciousness on the Word of the Guru's Shabad. ||3||	ਹੇ ਨਾਨਕ! ਮਾਇਆ ਦੇ ਮੋਹ ਤੋਂ ਪੈਦਾ ਹੋਇਆ ਦੁੱਖ ਤਦੋਂ ਹੀ ਮੁੱਕਦਾ ਹੈ ਜਦੋਂ ਮਨੁੱਖ ਗੁਰੂ ਦੇ ਸ਼ਬਦ ਵਿਚ ਆਪਣਾ ਚਿੱਤ ਜੋੜਦਾ ਹੈ ॥੩॥
10798	247	ਮਨਮੁਖ ਮੁਗਧ ਗਾਵਾਰੁ ਪਿਰਾ ਜੀਉ ਸਬਦੁ ਮਨਿ ਨ ਵਸਾਏ॥		Manamukh Mugadhh Gaavaar Piraa Jeeo Sabadh Man N Vasaaeae ||	The self-willed manmukhs are foolish and crazy, O my dear; they do not enshrine the Shabad within their minds.	ਹੇ ਪਿਆਰੀ ਜਿੰਦੇ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮੂਰਖ ਤੇ ਉਜੱਡ ਹੀ ਰਹਿੰਦਾ ਹੈ, ਉਹ ਗੁਰੂ ਦੇ ਸ਼ਬਦ ਨੂੰ ਆਪਣੇ ਮਨ ਵਿਚ ਨਹੀਂ ਵਸਾਂਦਾ।

10799	247	ਮਾਇਆ ਕਾ ਭ੍ਰਮੁ ਅੰਧੁ ਪਿਰਾ ਜੀਉ ਹਰਿ ਮਾਰਗੁ ਕਿਉ ਪਾਏ॥		Maaeiaa Kaa Bhram Andhh Piraa Jeeo Har Maarag Kio Paaeae ||	The delusion of Maya has made them blind, O my dear; how can they find the Way of the Lord?	ਹੇ ਜਿੰਦੇ! ਮਾਇਆ (ਦੇ ਮੋਹ) ਦਾ ਚੱਕਰ ਉਸ ਨੂੰ (ਸਹੀ ਜੀਵਨ-ਰਾਹ ਵਲੋਂ) ਅੰਨ੍ਹਾ ਕਰ ਦੇਂਦਾ ਹੈ (ਇਸ ਵਾਸਤੇ ਉਹ) ਪਰਮਾਤਮਾ (ਦੇ ਮਿਲਾਪ) ਦਾ ਰਸਤਾ ਲੱਭ ਨਹੀਂ ਸਕਦਾ।
10800	247	ਕਿਉ ਮਾਰਗੁ ਪਾਏ ਬਿਨੁ ਸਤਿਗੁਰ ਭਾਏ ਮਨਮੁਖਿ ਆਪੁ ਗਣਾਏ॥		Kio Maarag Paaeae Bin Sathigur Bhaaeae Manamukh Aap Ganaaeae ||	How can they find the Way, without the Will of the True Guru? The manmukhs foolishly display themselves.	ਗੁਰੂ ਦੀ ਮਰਜ਼ੀ ਅਨੁਸਾਰ ਤੁਰਨ ਤੋਂ ਬਿਨਾ ਮਨੁੱਖ ਹਰੀ ਦੇ ਮਿਲਾਪ ਦਾ ਰਸਤਾ ਲੱਭ ਨਹੀਂ ਸਕਦਾ (ਕਿਉਂਕਿ) ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਸਦਾ ਆਪਣੇ ਆਪ ਨੂੰ ਵੱਡਾ ਪਰਗਟ ਕਰਦਾ ਹੈ (ਤੇ ਉਸ ਦੇ ਅੰਦਰ ਸੇਵਕ ਵਾਲੀ ਨਿਮ੍ਰਤਾ ਆ ਨਹੀਂ ਸਕਦੀ)।
10801	247	ਹਰਿ ਕੇ ਚਾਕਰ ਸਦਾ ਸੁਹੇਲੇ ਗੁਰ ਚਰਣੀ ਚਿਤੁ ਲਾਏ॥		Har Kae Chaakar Sadhaa Suhaelae Gur Charanee Chith Laaeae ||	The Lord's servants are forever comfortable. They focus their consciousness on the Guru's Feet.	(ਦੂਜੇ ਪਾਸੇ,) ਪਰਮਾਤਮਾ ਦੇ ਸੇਵਕ-ਭਗਤ ਗੁਰੂ ਦੇ ਚਰਨਾਂ ਵਿਚ ਚਿੱਤ ਜੋੜ ਕੇ ਸਦਾ ਸੁੱਖੀ ਰਹਿੰਦੇ ਹਨ।
10802	247	ਜਿਸ ਨੋ ਹਰਿ ਜੀਉ ਕਰੇ ਕਿਰਪਾ ਸਦਾ ਹਰਿ ਕੇ ਗੁਣ ਗਾਏ॥		Jis No Har Jeeo Karae Kirapaa Sadhaa Har Kae Gun Gaaeae ||	Those unto whom the Lord shows His Mercy, sing the Glorious Praises of the Lord forever.	(ਪਰ, ਹੇ ਜਿੰਦੇ! ਕਿਸੇ ਦੇ ਵੱਸ ਦੀ ਗੱਲ ਨਹੀਂ) ਜਿਸ ਮਨੁੱਖ ਉਤੇ ਪਰਮਾਤਮਾ ਆਪ ਦਇਆ ਕਰਦਾ ਹੈ, ਉਹੀ ਸਦਾ ਪਰਮਾਤਮਾ ਦੇ ਗੁਣ ਗਾਂਦਾ ਹੈ।

10803	247	ਨਾਨਕ ਨਾਮੁ ਰਤਨੁ ਜਗਿ ਲਾਹਾ ਗੁਰਮੁਖਿ ਆਪਿ ਬੁਝਾਏ॥੪॥੫॥੭॥	ਜੱਗਿ। ਬੁੱਝਾਏ	Naanak Naam Rathan Jag Laahaa Guramukh Aap Bujhaaeae ||4||5||7||	O Nanak, the jewel of the Naam, the Name of the Lord, is the only profit in this world. The Lord Himself imparts this understanding to the Gurmukh. ||4||5||7||	ਹੇ ਨਾਨਕ! ਪਰਮਾਤਮਾ ਦਾ ਨਾਮ ਹੀ ਜਗਤ ਵਿਚ (ਅਸਲ) ਖੱਟੀ ਹੈ, ਇਸ ਗੱਲ ਦੀ ਸੂਝ ਪਰਮਾਤਮਾ ਆਪ ਹੀ (ਮਨੁੱਖ ਨੂੰ) ਗੁਰੂ ਦੀ ਸਰਨ ਪਾ ਕੇ ਦੇਂਦਾ ਹੈ ॥੪॥੫॥
10804	247	ਰਾਗੁ ਗਉੜੀ ਛੰਤ ਮਹਲਾ ੫		Raag Gourree Shhanth Mehalaa 5	Raag Gauree, Chhant, Fifth Mehl:	ਰਾਗ ਗਉੜੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ'।
10805	247	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
10806	247	ਮੇਰੈ ਮਨਿ ਬੈਰਾਗੁ ਭਇਆ ਜੀਉ ਕਿਉ ਦੇਖਾ ਪ੍ਰਭ ਦਾਤੇ॥		Maerai Man Bairaag Bhaeiaa Jeeo Kio Dhaekhaa Prabh Dhaathae ||	My mind has become sad and depressed; how can I see God, the Great Giver?	ਹੇ ਦਾਤਾਰ! (ਤੇਰੇ ਦਰਸਨ ਤੋਂ ਬਿਨਾ) ਮੇਰੇ ਮਨ ਵਿਚ ਕਾਹਲੀ ਪੈ ਰਹੀ ਹੈ, (ਦੱਸ) ਮੈਂ ਤੈਨੂੰ ਕਿਵੇਂ ਵੇਖਾਂ?
10807	247	ਮੇਰੇ ਮੀਤ ਸਖਾ ਹਰਿ ਜੀਉ ਗੁਰ ਪੁਰਖ ਬਿਧਾਤੇ॥		Maerae Meeth Sakhaa Har Jeeo Gur Purakh Bidhhaathae ||	My Friend and Companion is the Dear Lord, the Guru, the Architect of Destiny.	ਹੇ ਪ੍ਰਭੂ! ਹੇ ਮੇਰੇ ਮਿੱਤਰ! ਹੇ ਮੇਰੇ ਸਾਥੀ! ਹੇ ਹਰੀ! ਹੇ ਸਭ ਤੋਂ ਵੱਡੇ! ਹੇ ਸਰਬ-ਵਿਆਪਕ! ਹੇ ਸਿਰਜਣਹਾਰ ਜੀਉ!

10808	247	ਪੁਰਖੋ ਬਿਧਾਤਾ ਏਕੁ ਸ੍ਰੀਧਰੁ ਕਿਉ ਮਿਲਹ ਤੁਝੈ ਉਡੀਣੀਆ॥	(ਸ੍ਰੀ-ਧਰੁ) ਪ੍ਰਮਾਤਮਾ। (ਉਡੀਣੀਆ) ਵਿਆਕੁਲ	Purakho Bidhhaathaa Eaek Sreedhhar Kio Mileh Thujhai Ouddeeneeaa ||	The One Lord, the Architect of Destiny, is the Master of the Goddess of Wealth; how can I, in my sadness, meet You?	ਤੂੰ ਸਰਬ-ਵਿਆਪਕ ਹੈਂ, ਤੂੰ ਸਭ ਦਾ ਪੈਦਾ ਕਰਨ ਵਾਲਾ ਹੈਂ, ਤੂੰ ਹੀ ਲੱਛਮੀ-ਪਤੀ ਹੈਂ (ਤੈਥੋਂ ਵਿੱਛੁੜ ਕੇ) ਅਸੀਂ ਵਿਆਕੁਲ ਹੋ ਰਹੀਆਂ ਹਾਂ, (ਦੱਸ,) ਅਸੀਂ ਤੈਨੂੰ ਕਿਵੇਂ ਮਿਲੀਏ?
10809	247	ਕਰ ਕਰਹਿ ਸੇਵਾ ਸੀਸੁ ਚਰਣੀ ਮਨਿ ਆਸ ਦਰਸ ਨਿਮਾਣੀਆ॥		Kar Karehi Saevaa Sees Charanee Man Aas Dharas Nimaaneeaa ||	My hands serve You, and my head is at Your Feet. My mind, dishonored, yearns for the Blessed Vision of Your Darshan.	(ਹੇ ਜਿੰਦੇ! ਜੇਹੜੀਆਂ ਜੀਵ-ਇਸਤ੍ਰੀਆਂ) ਮਾਣ ਛੱਡ ਕੇ (ਆਪਣੇ) ਹੱਥਾਂ ਨਾਲ ਸੇਵਾ ਕਰਦੀਆਂ ਹਨ, (ਆਪਣਾ) ਸਿਰ (ਗੁਰੂ ਦੇ) ਚਰਨਾਂ ਉਤੇ ਰੱਖਦੀਆਂ ਹਨ, ਤੇ (ਆਪਣੇ) ਮਨ ਵਿਚ (ਪ੍ਰਭੂ ਦੇ) ਦਰਸਨ ਦੀ ਆਸ ਧਰਦੀਆਂ ਹਨ,
10810	247	ਸਾਸਿ ਸਾਸਿ ਨ ਘੜੀ ਵਿਸਰੈ ਪਲੁ ਮੂਰਤੁ ਦਿਨੁ ਰਾਤੇ॥		Saas Saas N Gharree Visarai Pal Moorath Dhin Raathae ||	With each and every breath, I think of You, day and night; I do not forget You, for an instant, even for a moment.	ਉਹਨਾਂ ਨੂੰ ਹਰੇਕ ਸਾਹ ਦੇ ਨਾਲ (ਉਹ ਚੇਤੇ ਰਹਿੰਦਾ ਹੈ) ਉਹਨਾਂ ਨੂੰ ਦਿਨ ਰਾਤ (ਕਿਸੇ ਭੀ ਵੇਲੇ) ਇਕ ਘੜੀ ਭਰ, ਇਕ ਪਲ ਭਰ, ਇਕ ਮੁਹੂਰਤ ਭਰ ਉਹ ਪ੍ਰਭੂ ਨਹੀਂ ਭੁੱਲਦਾ।
10811	247	ਨਾਨਕ ਸਾਰਿੰਗ ਜਿਉ ਪਿਆਸੇ ਕਿਉ ਮਿਲੀਐ ਪ੍ਰਭ ਦਾਤੇ॥੧॥		Naanak Saaring Jio Piaasae Kio Mileeai Prabh Dhaathae ||1||	O Nanak, I am thirsty, like the rainbird; how can I meet God, the Great Giver? ||1||	ਹੇ ਨਾਨਕ! (ਆਖ-) ਹੇ ਦਾਤਾਰ ਪ੍ਰਭੂ! (ਅਸੀਂ ਜੀਵ ਤੈਥੋਂ ਬਿਨਾ) ਤਿਹਾਏ ਪਪੀਹੇ ਵਾਂਗ (ਤੜਪ ਰਹੇ) ਹਾਂ, (ਦੱਸ) ਤੈਨੂੰ ਕਿਵੇਂ ਮਿਲੀਏ? ॥੧॥

10812	247	ਇਕ ਬਿਨਉ ਕਰਉ ਜੀਉ ਸੁਣਿ ਕੰਤ ਪਿਆਰੇ॥		Eik Bino Karo Jeeo Sun Kanth Piaarae ||	I offer this one prayer - please listen, O my Beloved Husband Lord.	ਹੇ ਪਿਆਰੇ ਕੰਤ ਜੀਉ! ਸੁਣ, ਮੈਂ ਇਕ ਬੇਨਤੀ ਕਰਦੀ ਹਾਂ।
10813	247	ਮੇਰਾ ਮਨੁ ਤਨੁ ਮੋਹਿ ਲੀਆ ਜੀਉ ਦੇਖਿ ਚਲਤ ਤੁਮਾਰੇ॥	(ਚਲਤ) ਕੌਤਕ	Maeraa Man Than Mohi Leeaa Jeeo Dhaekh Chalath Thumaarae ||	My mind and body are enticed, beholding Your wondrous play.	ਤੇਰੇ ਕੌਤਕ-ਤਮਾਸ਼ੇ ਵੇਖ ਵੇਖ ਕੇ ਮੈਂ ਠੱਗੀ ਗਈ ਹਾਂ।
10814	247	ਚਲਤਾ ਤੁਮਾਰੇ ਦੇਖਿ ਮੋਹੀ ਉਦਾਸ ਧਨ ਕਿਉ ਧੀਰਏ॥	(ਚਲ-ਤਾ: ਪੋਲਾ ਬੋਲੋ ਮਿਲਵਾਂ) ਕੌਤਕ। (ਧਨ) ਜੀਵ ਇਸਤ੍ਰੀ। (ਧੀਰ-ਏ) ਧੀਰਜ ਕਰੇ	Chalathaa Thumaarae Dhaekh Mohee Oudhaas Dhhan Kio Dhheereae ||	Beholding Your wondrous play, I am enticed; but how can the sad, forlorn bride find contentment?	(ਤੇਰੇ ਕੌਤਕ-ਤਮਾਸ਼ਿਆਂ ਨੇ) ਮੇਰਾ ਮਨ ਮੋਹ ਲਿਆ ਹੈ ਮੇਰਾ ਤਨ (ਹਰੇਕ ਇੰਦ੍ਰਾ) ਮੋਹ ਲਿਆ ਹੈ। (ਪਰ ਹੁਣ ਇਹ) ਜੀਵ-ਇਸਤ੍ਰੀ (ਇਹਨਾਂ ਕੌਤਕ-ਤਮਾਸ਼ਿਆਂ ਤੋਂ) ਉਦਾਸ ਹੋ ਗਈ ਹੈ, (ਤੇਰੇ ਮਿਲਾਪ ਤੋਂ ਬਿਨਾ ਇਸ ਨੂੰ) ਧੀਰਜ ਨਹੀਂ ਆਉਂਦੀ।
10815	247	ਗੁਣਵੰਤ ਨਾਹ ਦਇਆਲੁ ਬਾਲਾ ਸਰਬ ਗੁਣ ਭਰਪੂਰਏ॥	ਸਭ (ਗੁਣਵੰਤ) ਗੁਣਾਂ ਦੇ ਮਾਲਕ। (ਬਾਲਾ) ਵੱਡੇ (ਨਾਹ) ਪਤੀ ਪ੍ਰਮਾਤਮਾ ਜੀ। ਭਰਪੂ-ਰਏ	Gunavanth Naah Dhaeiaal Baalaa Sarab Gun Bharapooreae ||	My Lord is Meritorious, Merciful and Eternally Young; He is overflowing with all excellences.	ਹੇ ਸਭ ਗੁਣਾਂ ਦੇ ਮਾਲਕ ਖਸਮ! ਤੂੰ ਦਇਆ ਦਾ ਘਰ ਹੈਂ, ਤੂੰ ਸਦਾ-ਜਵਾਨ ਹੈਂ, ਤੂੰ ਸਾਰੇ ਗੁਣਾਂ ਨਾਲ ਭਰਪੂਰ ਹੈਂ।

10816	247	ਪਿਰ ਦੋਸੁ ਨਾਹੀ ਸੁਖਹ ਦਾਤੇ ਹਉ ਵਿਛੁੜੀ ਬੁਰਿਆਰੇ॥		Pir Dhos Naahee Sukheh Dhaathae Ho Vishhurree Buriaarae ||	The fault is not with my Husband Lord, the Giver of peace; I am separated from Him by my own mistakes.	ਹੇ ਸਾਰੇ ਸੁਖਾਂ ਦੇ ਦਾਤੇ ਪਤੀ! (ਤੇਰੇ ਵਿਚ ਕੋਈ) ਦੋਸ ਨਹੀਂ, ਮੈਂ ਮੰਦ-ਕਰਮਣ ਆਪ ਹੀ ਤੈਥੋਂ ਵਿੱਛੁੜੀ ਹੋਈ ਹਾਂ।
10817	247	ਬਿਨਵੰਤਿ ਨਾਨਕ ਦਇਆ ਧਾਰਹੁ ਘਰਿ ਆਵਹੁ ਨਾਹ ਪਿਆਰੇ॥੨॥		Binavanth Naanak Dhaeiaa Dhhaarahu Ghar Aavahu Naah Piaarae ||2||	Prays Nanak, please be merciful to me, and return home, O my Beloved Husband Lord. ||2||	ਹੇ ਨਾਨਕ! (ਆਖ-) ਹੇ ਪਿਆਰੇ ਪਤੀ! (ਇਹ ਜੀਵ-ਇਸਤ੍ਰੀ) ਬੇਨਤੀ ਕਰਦੀ ਹੈ, ਤੂੰ ਮਿਹਰ ਕਰ ਤੇ ਇਸ ਦੇ ਹਿਰਦੇ-ਘਰ ਵਿਚ ਆ ਵੱਸ ॥੨॥
10818	247	ਹਉ ਮਨੁ ਅਰਪੀ ਸਭੁ ਤਨੁ ਅਰਪੀ ਅਰਪੀ ਸਭਿ ਦੇਸਾ॥	(ਦੇਸਾ) ਗਿਆਨ ਇੰਦ੍ਰੇ	Ho Man Arapee Sabh Than Arapee Arapee Sabh Dhaesaa ||	I surrender my mind, I surrender my whole body; I surrender all my lands.	ਮੈਂ ਉਸ ਮਿੱਤਰ ਪਿਆਰੇ ਨੂੰ ਆਪਣਾ ਮਨ ਭੇਟ ਕਰ ਦਿਆਂ, ਆਪਣਾ ਸਰੀਰ (ਹਿਰਦਾ) ਭੇਟ ਕਰ ਦਿਆਂ, (ਇਹ) ਸਾਰੇ ਦੇਸ਼ (ਗਿਆਨ-ਇੰਦ੍ਰੇ) ਵਾਰਨੇ ਕਰ ਦਿਆਂ,
10819	247	ਹਉ ਸਿਰੁ ਅਰਪੀ ਤਿਸੁ ਮੀਤ ਪਿਆਰੇ ਜੋ ਪ੍ਰਭ ਦੇਇ ਸਦੇਸਾ॥		Ho Sir Arapee This Meeth Piaarae Jo Prabh Dhaee Sadhaesaa ||	I surrender my head to that beloved friend, who brings me news of God.	ਆਪਣਾ ਸਿਰ ਉਸ ਦੇ ਹਵਾਲੇ ਕਰ ਦਿਆਂ, ਜੇਹੜਾ ਮੈਨੂੰ ਪ੍ਰਭੂ ਨਾਲ ਮਿਲਾਪ ਕਰਾਣ ਵਾਲਾ ਸੁਨੇਹਾ ਦੇਵੇ।

10820	247	ਅਰਪਿਆ ਤ ਸੀਸੁ ਸੁਥਾਨਿ ਗੁਰ ਪਹਿ ਸੰਗਿ ਪ੍ਰਭੂ ਦਿਖਾਇਆ॥	(ਸੁਥਾਨਿ) ਸ੍ਰੇਸ਼ਟ ਥਾਂ ਭਾਵ ਸਾਧਸੰਗਤ। (ਪਹਿ) ਪਾਸ	Arapiaa Th Sees Suthhaan Gur Pehi Sang Prabhoo Dhikhaaeiaa ||	I have offered my head to the Guru, the most exalted; He has shown me that God is with me.	(ਜਿਸ ਜੀਵ-ਇਸਤ੍ਰੀ ਨੇ) ਸਾਧ ਸੰਗਤਿ ਦੀ ਬਰਕਤਿ ਨਾਲ ਆਪਣਾ ਸਿਰ ਗੁਰੂ ਦੇ ਹਵਾਲੇ ਕਰ ਦਿੱਤਾ, ਗੁਰੂ ਨੇ ਉਸ ਨੂੰ ਹਿਰਦੇ ਵਿਚ ਹੀ ਵੱਸਦਾ ਪਰਮਾਤਮਾ ਵਿਖਾਲ ਦਿੱਤਾ;
10821	247	ਖਿਨ ਮਾਹਿ ਸਗਲਾ ਦੂਖੁ ਮਿਟਿਆ ਮਨਹੁ ਚਿੰਦਿਆ ਪਾਇਆ॥	(ਚਿੰਦਿਆ) ਇੱਛਤ	Khin Maahi Sagalaa Dhookh Mittiaa Manahu Chindhiaa Paaeiaa ||	In an instant, all suffering is removed. I have obtained all my mind's desires.	ਇਕ ਖਿਨ ਵਿਚ ਹੀ ਉਸ ਜੀਵ-ਇਸਤ੍ਰੀ ਦਾ ਸਾਰਾ ਹੀ (ਪ੍ਰਭੂ ਤੋਂ ਵਿਛੋੜੇ ਦਾ) ਦੁਖ ਦੂਰ ਹੋ ਗਿਆ, (ਕਿਉਂਕਿ) ਉਸ ਨੂੰ ਮਨ ਦੀ ਮੁਰਾਦ ਮਿਲ ਗਈ।
10822	247	ਦਿਨੁ ਰੈਣਿ ਰਲੀਆ ਕਰੈ ਕਾਮਣਿ ਮਿਟੇ ਸਗਲ ਅੰਦੇਸਾ॥	(ਰਲੀਆ) ਖੁਸ਼ੀਆਂ	Dhin Rain Raleeaa Karai Kaaman Mittae Sagal Andhaesaa ||	Day and night, the soul-bride makes merry; all her anxieties are erased.	ਉਹ ਜੀਵ-ਇਸਤ੍ਰੀ (ਪ੍ਰਭੂ-ਚਰਨਾਂ ਵਿਚ ਜੁੜ ਕੇ) ਦਿਨ ਰਾਤ ਆਤਮਕ ਆਨੰਦ ਮਾਣਦੀ ਹੈ, ਉਸ ਦੇ ਸਾਰੇ ਚਿੰਤਾ-ਫ਼ਿਕਰ ਮਿਟ ਜਾਂਦੇ ਹਨ।

10823	247	ਬਿਨਵੰਤਿ ਨਾਨਕੁ ਕੰਤੁ ਮਿਲਿਆ ਲੋੜਤੇ ਹਮ ਜੈਸਾ॥੩॥	ਬਿਨਵੰਤਿ	Binavanth Naanak Kanth Miliaa Lorrathae Ham Jaisaa ||3||	Prays Nanak, I have met the Husband Lord of my longing. ||3||	ਨਾਨਕ ਬੇਨਤੀ ਕਰਦਾ ਹੈ- (ਜੇਹੜੀ ਜੀਵ-ਇਸਤ੍ਰੀ ਸਾਧ ਸੰਗਤਿ ਦਾ ਆਸਰਾ ਲੈ ਕੇ ਆਪਣਾ ਆਪ ਗੁਰੂ ਦੇ ਹਵਾਲੇ ਕਰਦੀ ਹੈ ਉਸ ਨੂੰ) ਖਸਮ-ਪ੍ਰਭੂ ਮਿਲ ਪੈਂਦਾ ਹੈ ਤੇ ਉਹ ਖਸਮ-ਪ੍ਰਭੂ ਐਸਾ ਹੈ, ਜਿਹੋ ਜਿਹਾ ਅਸੀਂ ਸਾਰੇ ਜੀਵ (ਸਦਾ) ਢੂੰਡਦੇ ਰਹਿੰਦੇ ਹਾਂ, (ਉਹੀ ਹੈ ਜਿਸ ਨੂੰ ਅਸੀਂ ਸਾਰੇ ਮਿਲਣਾ ਲੋੜਦੇ ਹਾਂ) ॥੩॥
10824	247	ਮੇਰੈ ਮਨਿ ਅਨਦੁ ਭਇਆ ਜੀਉ ਵਜੀ ਵਾਧਾਈ॥	ਅਨ-ਦੁ: ਪੋਲਾ ਬੋਲੋ। ਵੱਜੀ	Maerai Man Anadh Bhaeiaa Jeeo Vajee Vaadhhaaee ||	My mind is filled with bliss, and congratulations are pouring in.	ਹੇ ਸਹੇਲੀਏ! (ਜਦੋਂ ਦਾ) ਮੇਰੇ ਹਿਰਦੇ-ਘਰ ਵਿਚ ਸੋਹਣਾ ਪਿਆਰਾ ਪ੍ਰਭੂ ਪਤੀ ਆ ਵੱਸਿਆ ਹੈ,
10825	247	ਘਰਿ ਲਾਲੁ ਆਇਆ ਪਿਆਰਾ ਸਭ ਤਿਖਾ ਬੁਝਾਈ॥	(ਤਿਖਾ) ਤੇਹ। ਤਿਖਾ ਬੁਝਾਈ: ਪੋਲੇ ਬੋਲੋ	Ghar Laal Aaeiaa Piaaraa Sabh Thikhaa Bujhaaee ||	My Darling Beloved has come home to me, and all my desires have been satisfied.	ਮੇਰੀ ਸਾਰੀ (ਮਾਇਆ ਦੀ) ਤ੍ਰਿਸ਼ਨਾ ਮਿਟ ਗਈ ਹੈ, ਮੇਰੇ ਮਨ ਵਿਚ (ਹੁਣ) ਚਾਉ ਬਣਿਆ ਰਹਿੰਦਾ ਹੈ, ਮੇਰੇ ਅੰਦਰ ਉਹ ਆਤਮਕ ਹਾਲਤ ਪ੍ਰਬਲ ਬਣੀ ਪਈ ਹੈ ਕਿ ਮੇਰਾ ਦਿਲ ਹੁਲਾਰੇ ਲੈ ਰਿਹਾ ਹੈ।
10826	247	ਮਿਲਿਆ ਤ ਲਾਲੁ ਗੁਪਾਲੁ ਠਾਕੁਰੁ ਸਖੀ ਮੰਗਲੁ ਗਾਇਆ॥	(ਮੰਗਲੁ) ਜਸ	Miliaa Th Laal Gupaal Thaakur Sakhee Mangal Gaaeiaa ||	I have met my Sweet Lord and Master of the Universe, and my companions sing the songs of joy.	(ਜਦੋਂ ਦਾ) ਸੋਹਣਾ ਪਿਆਰਾ ਠਾਕੁਰ ਗੋਪਾਲ ਮੈਨੂੰ ਮਿਲਿਆ ਹੈ, ਮੇਰੀਆਂ ਸਹੇਲੀਆਂ ਨੇ (ਮੇਰੇ ਗਿਆਨ-ਇੰਦ੍ਰਿਆਂ ਨੇ) ਖ਼ੁਸ਼ੀ ਦਾ ਗੀਤ ਗਾਣਾ ਸ਼ੁਰੂ ਕਰ ਦਿੱਤਾ ਹੈ।

10827	247	ਸਭ ਮੀਤ ਬੰਧਪ ਹਰਖੁ ਉਪਜਿਆ ਦੂਤ ਥਾਉ ਗਵਾਇਆ॥	(ਹਰਖੁ) ਖੁਸ਼ੀ। ਕਾਮਾਦਿਕ ਦੂਤ	Sabh Meeth Bandhhap Harakh Oupajiaa Dhooth Thhaao Gavaaeiaa ||	All my friends and relatives are happy, and all traces of my enemies have been removed.	ਮੇਰੇ ਇਹਨਾਂ ਮਿੱਤਰਾਂ ਸਨਬੰਧੀਆਂ ਨੂੰ (ਮੇਰੇ ਗਿਆਨ-ਇੰਦ੍ਰਿਆਂ ਨੂੰ) ਚਾਉ ਚੜ੍ਹਿਆ ਰਹਿੰਦਾ ਹੈ, ਤੇ (ਮੇਰੇ ਅੰਦਰੋਂ) ਕਾਮਾਦਿਕ ਵੈਰੀਆਂ ਦਾ ਨਾਮ-ਨਿਸ਼ਾਨ ਮਿਟ ਗਿਆ ਹੈ।
10828	247	ਅਨਹਤ ਵਾਜੇ ਵਜਹਿ ਘਰ ਮਹਿ ਪਿਰ ਸੰਗਿ ਸੇਜ ਵਿਛਾਈ॥	(ਅਨਹਤ) ਲਗਾਤਾਰ। ਵੱਜਹਿ	Anehath Vaajae Vajehi Ghar Mehi Pir Sang Saej Vishhaaee ||	The unstruck melody vibrates in my home, and the bed has been made up for my Beloved.	ਮੈਂ ਪ੍ਰਭੂ-ਪਤੀ ਨਾਲ ਸੇਜ ਵਿਛਾ ਲਈ ਹੈ, (ਮੈਂ ਆਪਣੇ ਹਿਰਦੇ ਨੂੰ ਪ੍ਰਭੂ ਦੀ ਯਾਦ ਵਿਚ ਜੋੜ ਦਿੱਤਾ ਹੈ), ਹੁਣ ਮੇਰੇ ਹਿਰਦੇ ਵਿਚ ਬਿਨਾ ਵਜਾਏ ਵਾਜੇ ਵੱਜ ਰਹੇ ਹਨ (ਮੇਰੇ ਹਿਰਦੇ ਵਿਚ ਲਗਾਤਾਰ ਉਹ ਹੁਲਾਰਾ ਬਣਿਆ ਰਹਿੰਦਾ ਹੈ ਜੋ ਵੱਜਦੇ ਵਾਜਿਆਂ ਨੂੰ ਸੁਣ ਕੇ ਅਨੁਭਵ ਕਰੀਦਾ ਹੈ)।
10829	247	ਬਿਨਵੰਤਿ ਨਾਨਕੁ ਸਹਜਿ ਰਹੈ ਹਰਿ ਮਿਲਿਆ ਕੰਤੁ ਸੁਖਦਾਈ॥੪॥੧॥	ਬਿਨ-ਵੰਤਿ	Binavanth Naanak Sehaj Rehai Har Miliaa Kanth Sukhadhaaee ||4||1||	Prays Nanak, I am in celestial bliss. I have obtained the Lord, the Giver of peace, as my Husband. ||4||1||	ਨਾਨਕ ਬੇਨਤੀ ਕਰਦਾ ਹੈ-ਜਿਸ ਜੀਵ-ਇਸਤ੍ਰੀ ਨੂੰ ਸਾਰੇ ਸੁਖਾਂ ਦਾ ਦਾਤਾ ਪ੍ਰਭੂ-ਪਤੀ ਮਿਲ ਪੈਂਦਾ ਹੈ, ਉਹ ਆਤਮਕ ਅਡੋਲਤਾ ਵਿਚ ਟਿਕੀ ਰਹਿੰਦੀ ਹੈ ॥੪॥੧॥
10830	248	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	

10831	248	ਮੋਹਨ ਤੇਰੇ ਊਚੇ ਮੰਦਰ ਮਹਲ ਅਪਾਰਾ॥	(ਮੋਹਨ) ਵਾਹਿਗੁਰੂ ਜੀ	Mohan Thaerae Oochae Mandhar Mehal Apaaraa ||	O Mohan, your temple is so lofty, and your mansion is unsurpassed.	ਹੇ ਮਨ ਨੂੰ ਮੋਹ ਲੈਣ ਵਾਲੇ ਪ੍ਰਭੂ! ਤੇਰੇ ਉੱਚੇ ਮੰਦਰ ਹਨ, ਤੇਰੇ ਮਹਲ ਐਸੈ ਹਨ ਕਿ ਉਹਨਾਂ ਦਾ ਪਾਰਲਾ ਬੰਨਾ ਨਹੀਂ ਦਿੱਸਦਾ।
10832	248	ਮੋਹਨ ਤੇਰੇ ਸੋਹਨਿ ਦੁਆਰ ਜੀਉ ਸੰਤ ਧਰਮਸਾਲਾ॥	ਸੋ-ਹਨਿ। ਧਰਮ-ਸਾਲਾ	Mohan Thaerae Sohan Dhuaar Jeeo Santh Dhharam Saalaa ||	O Mohan, your gates are so beautiful. They are the worship-houses of the Saints.	ਹੇ ਮੋਹਨ! ਤੇਰੇ ਦਰ ਤੇ ਤੇਰੇ ਧਰਮ-ਅਸਥਾਨਾਂ ਵਿਚ, ਤੇਰੇ ਸੰਤ ਜਨ (ਬੈਠੇ) ਸੋਹਣੇ ਲੱਗ ਰਹੇ ਹਨ।
10833	248	ਧਰਮਸਾਲ ਅਪਾਰ ਦੈਆਰ ਠਾਕੁਰ ਸਦਾ ਕੀਰਤਨੁ ਗਾਵਹੇ॥	ਗਾਵ-ਹੇ ਧਿਆਵ-ਹੇ	Dhharam Saal Apaar Dhaiaar Thaakur Sadhaa Keerathan Gaavehae ||	In these incomparable worship-houses, they continually sing Kirtan, the Praises of their Lord and Master.	ਹੇ ਬੇਅੰਤ ਪ੍ਰਭੂ! ਹੇ ਦਇਆਲ ਪ੍ਰਭੂ! ਹੇ ਠਾਕੁਰ! ਤੇਰੇ ਧਰਮ-ਅਸਥਾਨਾਂ ਵਿਚ, ਤੇਰੇ ਸੰਤ ਜਨ ਸਦਾ ਤੇਰਾ ਕੀਰਤਨ ਗਾਂਦੇ ਹਨ।
10834	248	ਜਹ ਸਾਧ ਸੰਤ ਇਕਤ੍ਰ ਹੋਵਹਿ ਤਹਾ ਤੁਝਹਿ ਧਿਆਵਹੇ॥		Jeh Saadhh Santh Eikathr Hovehi Thehaa Thujhehi Dhhiaavehae ||	Where the Saints and the Holy gather together, there they meditate on you.	(ਹੇ ਮੋਹਨ!) ਜਿਥੇ ਭੀ ਸਾਧ ਸੰਤ ਇਕੱਠੇ ਹੁੰਦੇ ਹਨ ਉਥੇ ਤੈਨੂੰ ਹੀ ਧਿਆਉਂਦੇ ਹਨ।

10835	248	ਕਰਿ ਦਇਆ ਮਇਆ ਦਇਆਲ ਸੁਆਮੀ ਹੋਹੁ ਦੀਨ ਕ੍ਰਿਪਾਰਾ॥		Kar Dhaeiaa Maeiaa Dhaeiaal Suaamee Hohu Dheen Kirapaaraa ||	Be Kind and Compassionate, O Merciful Lord; be Merciful to the meek.	ਹੇ ਦਇਆ ਦੇ ਘਰ ਮੋਹਨ! ਹੇ ਸਭ ਦੇ ਮਾਲਕ ਮੋਹਨ! ਤੂੰ ਦਇਆ ਕਰ ਕੇ ਤਰਸ ਕਰ ਕੇ ਗਰੀਬਾਂ ਅਨਾਥਾਂ ਉਤੇ ਕਿਰਪਾਲ ਹੁੰਦਾ ਹੈਂ।
10836	248	ਬਿਨਵੰਤਿ ਨਾਨਕ ਦਰਸ ਪਿਆਸੇ ਮਿਲਿ ਦਰਸਨ ਸੁਖੁ ਸਾਰਾ॥੧॥		Binavanth Naanak Dharas Piaasae Mil Dharasan Sukh Saaraa ||1||	Prays Nanak, I thirst for the Blessed Vision of Your Darshan; receiving Your Darshan, I am totally at peace. ||1||	(ਹੇ ਮੋਹਨ!) ਨਾਨਕ ਬੇਨਤੀ ਕਰਦਾ ਹੈ-ਤੇਰੇ ਦਰਸ਼ਨ ਦੇ ਪਿਆਸੇ (ਤੇਰੇ ਸੰਤ ਜਨ) ਤੈਨੂੰ ਮਿਲ ਕੇ ਤੇਰੇ ਦਰਸਨ ਦਾ ਸੁਖ ਮਾਣਦੇ ਹਨ ॥੧॥
10837	248	ਮੋਹਨ ਤੇਰੇ ਬਚਨ ਅਨੂਪ ਚਾਲ ਨਿਰਾਲੀ॥	(ਅਨੂਪ) ਉਪਮਾ ਰਹਿਤ ਸੋਹਣੇ	Mohan Thaerae Bachan Anoop Chaal Niraalee ||	O Mohan, your speech is incomparable; wondrous are your ways.	ਹੇ ਮੋਹਨ! ਤੇਰੀ ਸਿਫ਼ਤ-ਸਾਲਾਹ ਦੇ ਬਚਨ ਸੋਹਣੇ ਲੱਗਦੇ ਹਨ, ਤੇਰੀ ਚਾਲ (ਜਗਤ ਦੇ ਜੀਵਾਂ ਦੀ ਚਾਲ ਨਾਲੋਂ) ਵੱਖਰੀ ਹੈ।
10838	248	ਮੋਹਨ ਤੂੰ ਮਾਨਹਿ ਏਕੁ ਜੀ ਅਵਰ ਸਭ ਰਾਲੀ॥	(ਰੱਾਲੀ) ਮਿੱਟੀ	Mohan Thoon Maanehi Eaek Jee Avar Sabh Raalee ||	O Mohan, you believe in the One. Everything else is dust to you.	ਹੇ ਮੋਹਨ ਜੀ! (ਸਾਰੇ ਜੀਵ) ਸਿਰਫ਼ ਤੈਨੂੰ ਹੀ (ਸਦਾ ਕਾਇਮ ਰਹਿਣ ਵਾਲਾ) ਮੰਨਦੇ ਹਨ, ਹੋਰ ਸਾਰੀ ਸ੍ਰਿਸ਼ਟੀ ਨਾਸ-ਵੰਤ ਹੈ।

10839	248	ਮਾਨਹਿ ਤ ਏਕੁ ਅਲੇਖੁ ਠਾਕੁਰੁ ਜਿਨਹਿ ਸਭ ਕਲ ਧਾਰੀਆ॥		Maanehi Th Eaek Alaekh Thaakur Jinehi Sabh Kal Dhhaareeaa ||	You adore the One Lord, the Unknowable Lord and Master; His Power gives Support to all.	ਹੇ ਮੋਹਨ! ਸਿਰਫ਼ ਤੈਨੂੰ ਇਕ ਨੂੰ (ਅਸਥਿਰ) ਮੰਨਦੇ ਹਨ-ਸਿਰਫ਼ ਤੈਨੂੰ-ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਜੋ ਤੂੰ ਸਭ ਦਾ ਪਾਲਣਹਾਰ ਹੈਂ, ਤੇ ਜਿਸ ਤੈਂ ਨੇ ਸਾਰੀ ਸ੍ਰਿਸ਼ਟੀ ਵਿਚ ਆਪਣੀ ਸੱਤਾ ਵਰਤਾਈ ਹੋਈ ਹੈ।
10840	248	ਤੁਧੁ ਬਚਨਿ ਗੁਰ ਕੈ ਵਸਿ ਕੀਆ ਆਦਿ ਪੁਰਖੁ ਬਨਵਾਰੀਆ॥	ਵੱਸਿ	Thudhh Bachan Gur Kai Vas Keeaa Aadh Purakh Banavaareeaa ||	Through the Guru's Word, you have captured the heart of the Primal Being, the Lord of the World.	ਹੇ ਮੋਹਨ! ਤੈਨੂੰ (ਤੇਰੇ ਭਗਤਾਂ ਨੇ) ਗੁਰੂ ਦੇ ਬਚਨ ਦੀ ਰਾਹੀਂ (ਪਿਆਰ-) ਵੱਸ ਕੀਤਾ ਹੋਇਆ ਹੈ, ਤੂੰ ਸਭ ਦਾ ਮੁੱਢ ਹੈਂ, ਤੂੰ ਸਰਬ-ਵਿਆਪਕ ਹੈਂ, ਤੂੰ ਸਾਰੇ ਜਗਤ ਦਾ ਮਾਲਕ ਹੈਂ।
10841	248	ਤੂੰ ਆਪਿ ਚਲਿਆ ਆਪਿ ਰਹਿਆ ਆਪਿ ਸਭ ਕਲ ਧਾਰੀਆ॥	(ਕਲ) ਸ਼ਕਤੀ (ਧਾਰੀਆ) ਟਿਕਾਈ। ਚੱਲਿਆ	Thoon Aap Chaliaa Aap Rehiaa Aap Sabh Kal Dhhaareeaa ||	You Yourself move, and You Yourself stand still; You Yourself support the whole creation.	ਹੇ ਮੋਹਨ! (ਸਾਰੇ ਜੀਵਾਂ ਵਿਚ ਮੌਜੂਦ ਹੋਣ ਕਰਕੇ) ਤੂੰ ਆਪ ਹੀ (ਉਮਰ ਭੋਗ ਕੇ ਜਗਤ ਤੋਂ) ਚਲਾ ਜਾਂਦਾ ਹੈਂ, ਫਿਰ ਭੀ ਤੂੰ ਹੀ ਆਪ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ ਹੀ ਜਗਤ ਵਿਚ ਆਪਣੀ ਸੱਤਾ ਵਰਤਾਈ ਹੋਈ ਹੈ।
10842	248	ਬਿਨਵੰਤਿ ਨਾਨਕ ਪੈਜ ਰਾਖਹੁ ਸਭ ਸੇਵਕ ਸਰਨਿ ਤੁਮਾਰੀਆ॥੨॥	(ਬਿਨਵੰਤਿ) ਬੇਨਤੀ ਸਹਿਤ	Binavanth Naanak Paij Raakhahu Sabh Saevak Saran Thumaareeaa ||2||	Prays Nanak, please preserve my honor; all Your servants seek the Protection of Your Sanctuary. ||2||	ਨਾਨਕ ਬੇਨਤੀ ਕਰਦਾ ਹੈ-(ਆਪਣੇ ਸੇਵਕਾਂ ਦੀ ਤੂੰ ਆਪ ਹੀ) ਲਾਜ ਰੱਖਦਾ ਹੈਂ, ਸਾਰੇ ਸੇਵਕ-ਭਗਤ ਤੇਰੀ ਸਰਨ ਪੈਂਦੇ ਹਨ ॥੨॥

10843	248	ਮੋਹਨ ਤੁਧੁ ਸਤਸੰਗਤਿ ਧਿਆਵੈ ਦਰਸ ਧਿਆਨਾ॥		Mohan Thudhh Sathasangath Dhhiaavai Dharas Dhhiaanaa ||	O Mohan, the Sat Sangat, the True Congregation, meditates on you; they meditate on the Blessed Vision of Your Darshan.	ਹੇ ਮੋਹਨ ਪ੍ਰਭੂ! ਤੈਨੂੰ ਸਾਧ ਸੰਗਤਿ ਧਿਆਉਂਦੀ ਹੈ, ਤੇਰੇ ਦਰਸਨ ਦਾ ਧਿਆਨ ਧਰਦੀ ਹੈ।
10844	248	ਮੋਹਨ ਜਮੁ ਨੇੜਿ ਨ ਆਵੈ ਤੁਧੁ ਜਪਹਿ ਨਿਦਾਨਾ॥	(ਨਿਦਾਨਾ) ਅੰਤ ਨੂੰ	Mohan Jam Naerr N Aavai Thudhh Japehi Nidhaanaa ||	O Mohan, the Messenger of Death does not even approach those who meditate on You, at the last moment.	ਹੇ ਮੋਹਨ ਪ੍ਰਭੂ! ਜੇਹੜੇ ਜੀਵ ਤੈਨੂੰ ਜਪਦੇ ਹਨ, ਅੰਤ ਵੇਲੇ ਮੌਤ ਦਾ ਸਹਮ ਉਹਨਾਂ ਦੇ ਨੇੜੇ ਨਹੀਂ ਢੁਕਦਾ।
10845	248	ਜਮਕਾਲੁ ਤਿਨ ਕਉ ਲਗੈ ਨਾਹੀ ਜੋ ਇਕ ਮਨਿ ਧਿਆਵਹੇ॥		Jamakaal Thin Ko Lagai Naahee Jo Eik Man Dhhiaavehae ||	The Messenger of Death cannot touch those who meditate on You single-mindedly.	ਜੇਹੜੇ ਤੈਨੂੰ ਇਕਾਗਰ ਮਨ ਨਾਲ ਧਿਆਉਂਦੇ ਹਨ, ਮੌਤ ਦਾ ਸਹਮ ਉਹਨਾਂ ਨੂੰ ਪੋਹ ਨਹੀਂ ਸਕਦਾ (ਆਤਮਕ ਮੌਤ ਉਹਨਾਂ ਉਤੇ ਪ੍ਰਭਾਵ ਨਹੀਂ ਪਾ ਸਕਦੀ)।
10846	248	ਮਨਿ ਬਚਨਿ ਕਰਮਿ ਜਿ ਤੁਧੁ ਅਰਾਧਹਿ ਸੇ ਸਭੇ ਫਲ ਪਾਵਹੇ॥	ਪਾਵ-ਹੇ	Man Bachan Karam J Thudhh Araadhhehi Sae Sabhae Fal Paavehae ||	Those who worship and adore You in thought, word and deed, obtain all fruits and rewards.	ਜੇਹੜੇ ਮਨੁੱਖ ਆਪਣੇ ਮਨ ਦੀ ਰਾਹੀਂ, ਉਹ ਆਪਣੇ ਬੋਲ ਦੀ ਰਾਹੀਂ, ਆਪਣੇ ਕਰਮ ਦੀ ਰਾਹੀਂ, ਤੈਨੂੰ ਯਾਦ ਕਰਦੇ ਰਹਿੰਦੇ ਹਨ, ਉਹ ਸਾਰੇ (ਮਨ-ਇੱਛਤ) ਫਲ ਪ੍ਰਾਪਤ ਕਰ ਲੈਂਦੇ ਹਨ।

10847	248	ਮਲ ਮੂਤ ਮੂੜ ਜਿ ਮੁਗਧ ਹੋਤੇ ਸਿ ਦੇਖਿ ਦਰਸੁ ਸੁਗਿਆਨਾ॥		Mal Mooth Moorr J Mugadhh Hothae S Dhaekh Dharas Sugiaanaa ||	Those who are foolish and stupid, filthy with urine and manure, become all-knowing upon gaining the Blessed Vision of Your Darshan.	ਹੇ ਸਰਬ-ਵਿਆਪਕ! ਹੇ ਭਗਵਾਨ! ਉਹ ਮਨੁੱਖ ਭੀ ਤੇਰਾ ਦਰਸਨ ਕਰ ਕੇ ਉੱਚੀ ਸੂਝ ਵਾਲੇ ਹੋ ਜਾਂਦੇ ਹਨ ਜੋ (ਪਹਿਲਾਂ) ਗੰਦੇ-ਕੁਕਰਮੀ ਤੇ ਮਹਾ ਮੂਰਖ ਹੁੰਦੇ ਹਨ।
10848	248	ਬਿਨਵੰਤਿ ਨਾਨਕ ਰਾਜੁ ਨਿਹਚਲੁ ਪੂਰਨ ਪੁਰਖ ਭਗਵਾਨਾ॥੩॥		Binavanth Naanak Raaj Nihachal Pooran Purakh Bhagavaanaa ||3||	Prays Nanak, Your Kingdom is Eternal, O Perfect Primal Lord God. ||3||	ਨਾਨਕ ਬੇਨਤੀ ਕਰਦਾ ਹੈ-ਹੇ ਮੋਹਨ! ਤੇਰਾ ਰਾਜ ਸਦਾ ਕਾਇਮ ਰਹਿਣ ਵਾਲਾ ਹੈ ॥੩॥
10849	248	ਮੋਹਨ ਤੂੰ ਸੁਫਲੁ ਫਲਿਆ ਸਣੁ ਪਰਵਾਰੇ॥		Mohan Thoon Sufal Faliaa San Paravaarae ||	O Mohan, you have blossomed forth with the flower of your family.	ਹੇ ਮੋਹਨ ਪ੍ਰਭੂ! ਤੂੰ ਬੜਾ ਸੋਹਣਾ ਫਲਿਆ ਹੋਇਆ ਹੈਂ, ਤੂੰ ਬੜੇ ਵੱਡੇ ਪਰਵਾਰ ਵਾਲਾ ਹੈਂ।
10850	248	ਮੋਹਨ ਪੁਤ੍ਰ ਮੀਤ ਭਾਈ ਕੁਟੰਬ ਸਭਿ ਤਾਰੇ॥		Mohan Puthr Meeth Bhaaee Kuttanb Sabh Thaarae ||	O Mohan, your children, friends, siblings and relatives have all been saved.	ਹੇ ਮੋਹਨ ਪ੍ਰਭੂ! ਪੁੱਤਰਾਂ ਭਰਾਵਾਂ ਮਿੱਤਰਾਂ ਵਾਲੇ ਵੱਡੇ ਵੱਡੇ ਟੱਬਰ ਤੂੰ ਸਾਰੇ ਦੇ ਸਾਰੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦੇਂਦਾ ਹੈਂ।
10851	248	ਤਾਰਿਆ ਜਹਾਨੁ ਲਹਿਆ ਅਭਿਮਾਨੁ ਜਿਨੀ ਦਰਸਨੁ ਪਾਇਆ॥		Thaariaa Jehaan Lehiaa Abhimaan Jinee Dharasan Paaeiaa ||	You save those who give up their egotistical pride, upon gaining the Blessed Vision of Your Darshan.	ਹੇ ਮੋਹਨ! ਜਿਨ੍ਹਾਂ ਨੇ ਤੇਰਾ ਦਰਸਨ ਕੀਤਾ, ਉਹਨਾਂ ਦੇ ਅੰਦਰੋਂ ਤੂੰ ਅਹੰਕਾਰ ਦੂਰ ਕਰ ਦਿੱਤਾ। ਤੂੰ ਸਾਰੇ ਜਹਾਨ ਨੂੰ ਹੀ ਤਾਰਨ ਦੀ ਸਮਰੱਥਾ ਵਾਲਾ ਹੈਂ।

10852	248	ਜਿਨੀ ਤੁਧਨੋ ਧੰਨੁ ਕਹਿਆ ਤਿਨ ਜਮੁ ਨੇੜਿ ਨ ਆਇਆ॥		Jinee Thudhhano Dhhann Kehiaa Thin Jam Naerr N Aaeiaa ||	The Messenger of Death does not even approach those who call you 'blessed'.	ਹੇ ਮੋਹਨ! ਜਿਨ੍ਹਾਂ (ਵਡ-ਭਾਗੀਆਂ) ਨੇ ਤੇਰੀ ਸਿਫ਼ਤ-ਸਾਲਾਹ ਕੀਤੀ, ਆਤਮਕ ਮੌਤ ਉਹਨਾਂ ਦੇ ਨੇੜੇ ਨਹੀਂ ਢੁਕਦੀ।
10853	248	ਬੇਅੰਤ ਗੁਣ ਤੇਰੇ ਕਥੇ ਨ ਜਾਹੀ ਸਤਿਗੁਰ ਪੁਰਖ ਮੁਰਾਰੇ॥		Baeanth Gun Thaerae Kathhae N Jaahee Sathigur Purakh Muraarae ||	Your Virtues are unlimited - they cannot be described, O True Guru, Primal Being, Destroyer of demons.	ਹੇ ਸਭ ਤੋਂ ਵੱਡੇ! ਸਰਬ-ਵਿਆਪਕ ਪ੍ਰਭੂ! ਤੇਰੇ ਗੁਣ ਬੇਅੰਤ ਹਨ, ਬਿਆਨ ਨਹੀਂ ਕੀਤੇ ਜਾ ਸਕਦੇ।
10854	248	ਬਿਨਵੰਤਿ ਨਾਨਕ ਟੇਕ ਰਾਖੀ ਜਿਤੁ ਲਗਿ ਤਰਿਆ ਸੰਸਾਰੇ॥੪॥੨॥	ਲੱਗਿ	Binavanth Naanak Ttaek Raakhee Jith Lag Thariaa Sansaarae ||4||2||	Prays Nanak, Yours is that Anchor, holding onto which the whole world is saved. ||4||2||	ਨਾਨਕ ਬੇਨਤੀ ਕਰਦਾ ਹੈ-ਮੈਂ ਤੇਰਾ ਹੀ ਆਸਰਾ ਲਿਆ ਹੈ, ਜਿਸ ਆਸਰੇ ਦੀ ਬਰਕਤਿ ਨਾਲ ਮੈਂ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਰਿਹਾ ਹਾਂ ॥੪॥੨॥
10855	248	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl,	
10856	248	ਸਲੋਕੁ॥	(ਪੁਨਹ ਪੁਨਹ) ਵਾਰ ਵਾਰ	Salok ||	Shalok:	ਸਲੋਕ।
10857	248	ਪਤਿਤ ਅਸੰਖ ਪੁਨੀਤ ਕਰਿ ਪੁਨਹ ਪੁਨਹ ਬਲਿਹਾਰ॥		Pathith Asankh Puneeth Kar Puneh Puneh Balihaar ||	Countless sinners have been purified; I am a sacrifice, over and over again, to You.	ਹੇ ਨਾਨਕ! ਪਰਮਾਤਮਾ ਦਾ ਨਾਮ ਜਪ, (ਇਸ ਨਾਮ ਤੋਂ) ਮੁੜ ਮੁੜ ਕੁਰਬਾਨ ਹੋ।

10858	248	ਨਾਨਕ ਰਾਮ ਨਾਮੁ ਜਪਿ ਪਾਵਕੋ ਤਿਨ ਕਿਲਬਿਖ ਦਾਹਨਹਾਰ॥੧॥	(ਤਿਨ) ਕੱਖ। (ਕਿਲਬਿਖ) ਜ਼ਹਿਰਰੂਪ ਪਾਪ। (ਪਾਵਕੋ) ਅੱਗ। (ਦਾਹਨਹਾਰ) ਸਾੜਨ ਵਾਲੇ	Naanak Raam Naam Jap Paavako Thin Kilabikh Dhaahanehaar ||1||	O Nanak, meditation on the Lord's Name is the fire which burns away sinful mistakes like straw. ||1||	ਇਹ ਨਾਮ ਅਣਗਿਣਤ ਵਿਕਾਰੀਆਂ ਨੂੰ ਪਵਿਤ੍ਰ ਕਰ ਦੇਂਦਾ ਹੈ। (ਜਿਵੇਂ) ਅੱਗ (ਘਾਹ ਦੇ) ਤੀਲਿਆਂ ਨੂੰ (ਤਿਵੇਂ ਇਹ ਹਰਿ ਨਾਮ) ਪਾਪਾਂ ਨੂੰ ਸਾੜਨ ਦੀ ਤਾਕਤ ਰੱਖਦਾ ਹੈ ॥੧॥
10859	248	ਛੰਤ॥		Shhanth ||	Chhant:	ਛੰਤ।
10860	248	ਜਪਿ ਮਨਾ ਤੂੰ ਰਾਮ ਨਰਾਇਣੁ ਗੋਵਿੰਦਾ ਹਰਿ ਮਾਧੋ॥		Jap Manaa Thoon Raam Naraaein Govindhaa Har Maadhho ||	Meditate, O my mind, on the Lord God, the Lord of the Universe, the Lord, the Master of Wealth.	ਹੇ ਮੇਰੇ ਮਨ! ਤੂੰ ਰਾਮ ਨਾਰਾਇਣ ਗੋਬਿੰਦ ਹਰੀ ਮਾਧੋ (ਦੇ ਨਾਮ) ਨੂੰ ਜਪ।
10861	248	ਧਿਆਇ ਮਨਾ ਮੁਰਾਰਿ ਮੁਕੰਦੇ ਕਟੀਐ ਕਾਲ ਦੁਖ ਫਾਧੋ॥	(ਮੁਕੰਦੇ) ਮੁਕਤੀ ਦਾਤਾ। (ਫਾਧੋ) ਫਾਹੀ	Dhhiaae Manaa Muraar Mukandhae Katteeai Kaal Dhukh Faadhho ||	Meditate, O my mind, on the Lord, the Destroyer of ego, the Giver of salvation, who cuts away the noose of agonizing death.	ਹੇ ਮੇਰੇ ਮਨ! ਤੂੰ ਮੁਕੰਦ ਮੁਰਾਰੀ ਦਾ ਆਰਾਧਨ ਕਰ। (ਇਸ ਆਰਾਧਨ ਦੀ ਬਰਕਤਿ ਨਾਲ) ਮੌਤ ਤੇ ਦੁੱਖਾਂ ਦੀ ਫਾਹੀ ਕੱਟੀ ਜਾਂਦੀ ਹੈ।
10862	248	ਦੁਖ ਹਰਣ ਦੀਨ ਸਰਣ ਸ੍ਰੀਧਰ ਚਰਨਕਮਲ ਅਰਾਧੀਐ॥	(ਹਰਣ) ਨਾਸ	Dhukheharan Dheen Saran Sreedhhar Charan Kamal Araadhheeai ||	Meditate lovingly on the Lotus Feet of the Lord, the Destroyer of distress, the Protector of the poor, the Lord of excellence.	(ਹੇ ਮਨ!) ਉਸ ਪਰਮਾਤਮਾ ਦੇ ਸੋਹਣੇ ਚਰਨਾਂ ਦਾ ਆਰਾਧਨ ਕਰਨਾ ਚਾਹੀਦਾ ਹੈ, ਜੋ ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਜੋ ਗ਼ਰੀਬਾਂ ਦਾ ਸਹਾਰਾ ਹੈ, ਜੋ ਲੱਖਮੀ ਦਾ ਆਸਰਾ ਹੈ।

10863	248	ਜਮ ਪੰਥੁ ਬਿਖੜਾ ਅਗਨਿ ਸਾਗਰੁ ਨਿਮਖ ਸਿਮਰਤ ਸਾਧੀਐ॥	ਸੱਧੀਐ	Jam Panthh Bikharraa Agan Saagar Nimakh Simarath Saadhheeai ||	The treacherous path of death and the terrifying ocean of fire are crossed over by meditating in remembrance on the Lord, even for an instant.	ਹੇ ਮਨ! ਜਮਾਂ ਦਾ ਔਖਾ ਰਸਤਾ, ਤੇ (ਵਿਕਾਰਾਂ ਦੀ) ਅੱਗ (ਨਾਲ ਭਰਿਆ ਹੋਇਆ ਸੰਸਾਰ-) ਸਮੁੰਦਰ ਰਤਾ ਭਰ ਸਮੇ ਲਈ ਨਾਮ ਸਿਮਰਿਆਂ ਸੋਹਣਾ ਬਣਾ ਲਈਦਾ ਹੈ।
10864	248	ਕਲਿਮਲਹ ਦਹਤਾ ਸੁਧੁ ਕਰਤਾ ਦਿਨਸੁ ਰੈਣਿ ਅਰਾਧੋ॥	ਕਲਿ-ਮਲਹ: ਪੋਲਾ ਬੋਲੋ। (ਕਲਿ-ਮਲਹ) ਕਲ਼ੇਸ਼ ਮੈਲ਼ ਸਹਿਤ ਪਾਪ। (ਦੂਜਾ ਪਾਠ: ਕਲਿ ਮਲਹ)	Kalimaleh Dhehathaa Sudhh Karathaa Dhinas Rain Araadhho ||	Meditate day and night on the Lord, the Destroyer of desire, the Purifier of pollution.	(ਹੇ ਮੇਰੇ ਮਨ!) ਦਿਨ ਰਾਤ ਉਸ ਹਰੀ-ਨਾਮ ਨੂੰ ਸਿਮਰਦਾ ਰਹੁ, ਜੋ ਪਾਪਾਂ ਦਾ ਸਾੜਨ ਵਾਲਾ ਹੈ ਤੇ ਜੋ ਪਵਿਤ੍ਰ ਕਰਨ ਵਾਲਾ ਹੈ।
10865	248	ਬਿਨਵੰਤਿ ਨਾਨਕ ਕਰਹੁ ਕਿਰਪਾ ਗੋਪਾਲ ਗੋਬਿੰਦ ਮਾਧੋ॥੧॥	(ਮਾਧੋ) ਮਾਇਆ ਦੇ ਪਤੀ ਵਾਹਿਗੁਰੂ ਜੀ	Binavanth Naanak Karahu Kirapaa Gopaal Gobindh Maadhho ||1||	Prays Nanak, please be Merciful to me, O Cherisher of the world, Lord of the Universe, Lord of wealth. ||1||	ਨਾਨਕ ਬੇਨਤੀ ਕਰਦਾ ਹੈ-ਹੇ ਗੋਪਾਲ! ਹੇ ਗੋਬਿੰਦ! ਹੇ ਮਾਧੋ! ਮਿਹਰ ਕਰ (ਕਿ ਮੈਂ ਤੇਰਾ ਨਾਮ ਸਦਾ ਸਿਮਰਦਾ ਰਹਾਂ) ॥੧॥
10866	248	ਸਿਮਰਿ ਮਨਾ ਦਾਮੋਦਰੁ ਦੁਖ ਹਰੁ ਭੈ ਭੰਜਨੁ ਹਰਿ ਰਾਇਆ॥	(ਹਰੁ) ਨਾਸ਼ ਕਰਨ ਵਾਲੇ। (ਦਾਮੋਦਰੁ) ਵਾਹਿਗੁਰੂ ਜੀ	Simar Manaa Dhaamodhar Dhukhehar Bhai Bhanjan Har Raaeiaa ||	O my mind, remember the Lord in meditation; He is the Destroyer of pain, the Eradicator of fear, the Sovereign Lord King.	ਹੇ ਮੇਰੇ ਮਨ! ਉਸ ਪ੍ਰਭੂ-ਪਾਤਿਸ਼ਾਹ ਦਾਮੋਦਰ ਨੂੰ ਸਿਮਰ, ਜੋ ਦੁੱਖਾਂ ਦਾ ਦੂਰ ਕਰਨ ਵਾਲਾ ਹੈ, ਜੋ ਡਰਾਂ ਦਾ ਨਾਸ਼ ਕਰਨ ਵਾਲਾ ਹੈ,

10867	248	ਸ੍ਰੀਰੰਗੋ ਦਇਆਲ ਮਨੋਹਰੁ ਭਗਤਿ ਵਛਲੁ ਬਿਰਦਾਇਆ॥	(ਵਛਲੁ) ਪਿਆਰ ਕਰਨਾ (ਬਿਰਦਾਇਆ) ਸੁਭਾਅ	Sreerango Dhaeiaal Manohar Bhagath Vashhal Biradhaaeiaa ||	He is the Greatest Lover, the Merciful Master, the Enticer of the mind, the Support of His devotees - this is His very nature.	ਜੋ ਲੱਖਮੀ ਦਾ ਖਸਮ ਹੈ, ਜੋ ਦਇਆ ਦਾ ਸੋਮਾ ਹੈ, ਜੋ ਮਨ ਨੂੰ ਮੋਹ ਲੈਣ ਵਾਲਾ ਹੈ, ਤੇ ਭਗਤੀ ਨਾਲ ਪਿਆਰ ਕਰਨਾ ਜਿਸ ਦਾ ਮੁੱਢ-ਕਦੀਮਾਂ ਦਾ ਸੁਭਾਉ ਹੈ।
10868	249	ਭਗਤਿ ਵਛਲ ਪੁਰਖ ਪੂਰਨ ਮਨਹਿ ਚਿੰਦਿਆ ਪਾਈਐ॥		Bhagath Vashhal Purakh Pooran Manehi Chindhiaa Paaeeai ||	The Perfect Lord is the Lover of His devotees; He fulfills the desires of the mind.	(ਹੇ ਭਾਈ!) ਜੇ ਭਗਤੀ ਨਾਲ ਪਿਆਰ ਕਰਨ ਵਾਲੇ ਪੂਰਨ ਪੁਰਖ ਦਾ ਨਾਮ ਮਨ ਵਿਚ ਵਸਾ ਲਈਏ, ਤਾਂ ਮਨ ਵਿਚ ਚਿਤਵਿਆ ਹੋਇਆ ਹਰੇਕ ਮਨੋਰਥ ਪਾ ਲਈਦਾ ਹੈ।
10869	249	ਤਮ ਅੰਧ ਕੂਪ ਤੇ ਉਧਾਰੈ ਨਾਮੁ ਮੰਨਿ ਵਸਾਈਐ॥	(ਤਮ) ਹਨੇਰੇ। (ਕੂਪ) ਖੂਹ	Tham Andhh Koop Thae Oudhhaarai Naam Mann Vasaaeeai ||	He lifts us up out of the deep, dark pit; enshrine His Name within your mind.	ਜੇ ਪਰਮਾਤਮਾ ਦਾ ਨਾਮ ਮਨ ਵਿਚ ਵਸਾ ਲਈਏ, ਤਾਂਉਹ ਹਰੀ-ਨਾਮ ਮਾਇਆ ਦੇ ਮੋਹ ਦੇ ਅੰਨ੍ਹੇ ਖੂਹ ਦੇ ਹਨੇਰੇ ਵਿਚੋਂ ਕੱਢ ਲੈਂਦਾ ਹੈ।
10870	249	ਸੁਰ ਸਿਧ ਗਣ ਗੰਧਰਬ ਮੁਨਿ ਜਨ ਗੁਣ ਅਨਿਕ ਭਗਤੀ ਗਾਇਆ॥	(ਸੁਰ) ਦੇਵਤੇ। (ਗਣ) ਦੇਵਤਿਆਂ ਦੇ ਦਾਸ। (ਗੰ-ਧਰਬ) ਦੇਵਤਿਆਂ ਦੇ ਗਵਈਏ	Sur Sidhh Gan Gandhharab Mun Jan Gun Anik Bhagathee Gaaeiaa ||	The gods, the Siddhas, the angels, the heavenly singers, the silent sages and the devotees sing Your countless Glorious Praises.	(ਹੇ ਮੇਰੇ ਮਨ!) ਦੇਵਤੇ, ਕਰਾਮਾਤੀ ਜੋਗੀ, ਸ਼ਿਵ ਜੀ ਦੇ ਦਾਸ-ਦੇਵਤੇ, ਦੇਵਤਿਆਂ ਦੇ ਗਵਈਏ, ਰਿਸ਼ੀ ਲੋਕ ਤੇ ਅਨੇਕਾਂ ਹੀ ਭਗਤ ਉਸੇ ਪਰਮਾਤਮਾ ਦੇ ਗੁਣ ਗਾਂਦੇ ਆ ਰਹੇ ਹਨ।

10871	249	ਬਿਨਵੰਤਿ ਨਾਨਕ ਕਰਹੁ ਕਿਰਪਾ ਪਾਰਬ੍ਰਹਮ ਹਰਿ ਰਾਇਆ॥੨॥		Binavanth Naanak Karahu Kirapaa Paarabreham Har Raaeiaa ||2||	Prays Nanak, please be merciful to me, O Supreme Lord God, my King. ||2||	ਨਾਨਕ ਬੇਨਤੀ ਕਰਦਾ ਹੈ-ਹੇ ਪ੍ਰਭੂ ਪਾਤਿਸ਼ਾਹ! ਮਿਹਰ ਕਰ (ਕਿ ਮੈਂ ਭੀ ਤੇਰਾ ਨਾਮ ਸਦਾ ਸਿਮਰਦਾ ਰਹਾਂ) ॥੨॥
10872	249	ਚੇਤਿ ਮਨਾ ਪਾਰਬ੍ਰਹਮੁ ਪਰਮੇਸਰੁ ਸਰਬ ਕਲਾ ਜਿਨਿ ਧਾਰੀ॥		Chaeth Manaa Paarabreham Paramaesar Sarab Kalaa Jin Dhhaaree ||	O my mind, be conscious of the Supreme Lord God, the Transcendent Lord, who wields all power.	ਹੇ (ਮੇਰੇ) ਮਨ! ਪਾਰਬ੍ਰਹਮ ਪਰਮੇਸਰ ਨੂੰ ਚੇਤੇ ਰੱਖ, ਜਿਸ ਨੇ ਸਭਨਾਂ ਵਿਚ ਆਪਣੀ ਸੱਤਾ ਟਿਕਾਈ ਹੋਈ ਹੈ।
10873	249	ਕਰੁਣਾਮੈ ਸਮਰਥੁ ਸੁਆਮੀ ਘਟ ਘਟ ਪ੍ਰਾਣ ਅਧਾਰੀ॥	(ਕਰੁਣਾ-ਮੈ) ਕ੍ਰਿਪਾ ਸਰੂਪ। ਸਮਰੱਥੁ	Karunaa Mai Samarathh Suaamee Ghatt Ghatt Praan Adhhaaree ||	He is All-powerful, the Embodiment of compassion. He is the Master of each and every heart;	ਜੋ ਤਰਸ-ਸਰੂਪ ਹੈ, ਸਭ ਤਾਕਤਾਂ ਵਾਲਾ ਹੈ, ਸਭ ਦਾ ਮਾਲਕ ਹੈ, ਤੇ ਜੋ ਹਰੇਕ ਸਰੀਰ ਦਾ ਸਭ ਦੀ ਜਿੰਦ ਦਾ ਆਸਰਾ ਹੈ,
10874	249	ਪ੍ਰਾਣ ਮਨ ਤਨ ਜੀਅ ਦਾਤਾ ਬੇਅੰਤ ਅਗਮ ਅਪਾਰੋ॥		Praan Man Than Jeea Dhaathaa Baeanth Agam Apaaro ||	He is the Support of the breath of life. He is the Giver of the breath of life, of mind, body and soul. He is Infinite, Inaccessible and Unfathomable.	ਜੋ ਪ੍ਰਾਣ ਮਨ ਤਨ ਤੇ ਜਿੰਦ ਦੇਣ ਵਾਲਾ ਹੈ, ਬੇਅੰਤ ਹੈ, ਅਪਹੁੰਚ ਹੈ, ਤੇ ਅਪਾਰ ਹੈ,

10875	249	ਸਰਣਿ ਜੋਗੁ ਸਮਰਥੁ ਮੋਹਨੁ ਸਰਬ ਦੋਖ ਬਿਦਾਰੋ॥	(ਬਿਦਾਰੋ) ਨਾਸ ਕਰਨ ਵਾਲੇ	Saran Jog Samarathh Mohan Sarab Dhokh Bidhaaro ||	The All-powerful Lord is our Sanctuary; He is the Enticer of the mind, who banishes all sorrows.	ਜੋ ਸਰਨ ਪਏ ਦੀ ਸਹੈਤਾ ਕਰਨ ਜੋਗਾ ਹੈ, ਜੋ ਸਭ ਤਾਕਤਾਂ ਦਾ ਮਾਲਕ ਹੈ ਸੁੰਦਰ ਹੈ ਤੇ ਸਾਰੇ ਵਿਕਾਰਾਂ ਦਾ ਨਾਸ ਕਰਨ ਵਾਲਾ ਹੈ।
10876	249	ਰੋਗ ਸੋਗ ਸਭਿ ਦੋਖ ਬਿਨਸਹਿ ਜਪਤ ਨਾਮੁ ਮੁਰਾਰੀ॥		Rog Sog Sabh Dhokh Binasehi Japath Naam Muraaree ||	All illnesses, sufferings and pains are dispelled, by chanting the Name of the Lord.	ਹੇ ਮਨ! ਮੁਰਾਰੀ-ਪ੍ਰਭੂ ਦਾ ਨਾਮ ਜਪਦਿਆਂ ਸਾਰੇ ਰੋਗ ਫ਼ਿਕਰ ਸਾਰੇ ਐਬ ਨਾਸ ਹੋ ਜਾਂਦੇ ਹਨ।
10877	249	ਬਿਨਵੰਤਿ ਨਾਨਕ ਕਰਹੁ ਕਿਰਪਾ ਸਮਰਥ ਸਭ ਕਲ ਧਾਰੀ॥੩॥		Binavanth Naanak Karahu Kirapaa Samarathh Sabh Kal Dhhaaree ||3||	Prays Nanak, please be merciful to me, All-powerful Lord; You are the Wielder of all power. ||3||	ਨਾਨਕ ਬੇਨਤੀ ਕਰਦਾ ਹੈ-ਹੇ ਸਭ ਤਾਕਤਾਂ ਦੇ ਮਾਲਕ! ਹੇ ਸਭਨਾਂ ਵਿਚ ਆਪਣੀ ਸੱਤਾ ਟਿਕਾਣ ਵਾਲੇ ਪ੍ਰਭੂ! (ਮੇਰੇ ਉਤੇ) ਮਿਹਰ ਕਰ (ਮੈਂ ਭੀ ਤੇਰਾ ਨਾਮ ਸਦਾ ਸਿਮਰਦਾ ਰਹਾਂ) ॥੩॥
10878	249	ਗੁਣ ਗਾਉ ਮਨਾ ਅਚੁਤ ਅਬਿਨਾਸੀ ਸਭ ਤੇ ਊਚ ਦਇਆਲਾ॥	(ਅ-ਚੁੱਤ) ਅਚੱਲ	Gun Gaao Manaa Achuth Abinaasee Sabh Thae Ooch Dhaeiaalaa ||	O my mind, sing the Glorious Praises of the Imperishable, Eternal, Merciful Master, the Highest of all.	ਹੇ (ਮੇਰੇ) ਮਨ! ਤੂੰ ਉਸ ਪਰਮਾਤਮਾ ਦੇ ਗੁਣ ਗਾ, ਜੋ ਸਦਾ ਅਟੱਲ ਰਹਿਣ ਵਾਲਾ ਹੈ, ਜੋ ਕਦੇ ਨਾਸ ਨਹੀਂ ਹੁੰਦਾ, ਜੋ ਸਭ ਤੋਂ ਉੱਚਾ ਹੈ ਤੇ ਦਇਆ ਦਾ ਘਰ ਹੈ,

10879	249	ਬਿਸੰਭਰੁ ਦੇਵਨ ਕਉ ਏਕੈ ਸਰਬ ਕਰੈ ਪ੍ਰਤਿਪਾਲਾ॥	(ਬਿਸੰ-ਭਰੁ) ਵਾਹਿਗੁਰੂ ਜੀ	Bisanbhar Dhaevan Ko Eaekai Sarab Karai Prathipaalaa ||	The One Lord is the Sustainer of the Universe, the Great Giver; He is the Cherisher of all.	ਜੋ ਸਾਰੇ ਜਗਤ ਨੂੰ ਪਾਲਣ ਵਾਲਾ ਹੈ ਜੋ ਆਪ ਹੀ ਸਭ ਕੁਝ ਦੇਣ ਜੋਗਾ ਹੈ, ਜੋ ਸਭ ਦੀ ਪਾਲਣਾ ਕਰਦਾ ਹੈ।
10880	249	ਪ੍ਰਤਿਪਾਲ ਮਹਾ ਦਇਆਲ ਦਾਨਾ ਦਇਆ ਧਾਰੇ ਸਭ ਕਿਸੈ॥		Prathipaal Mehaa Dhaeiaal Dhaanaa Dhaeiaa Dhhaarae Sabh Kisai ||	The Cherisher Lord is so very merciful and wise; He is compassionate to all.	(ਹੇ ਮੇਰੇ ਮਨ!) ਉਹ ਪਰਮਾਤਮਾ ਹਰੇਕ ਜੀਵ ਉਤੇ ਦਇਆ ਕਰਦਾ ਹੈ, ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ। ਬੜਾ ਹੀ ਦਇਆਲ ਤੇ ਪਾਲਣਾ ਕਰਨ ਵਾਲਾ ਹੈ।
10881	249	ਕਾਲੁ ਕੰਟਕੁ ਲੋਭੁ ਮੋਹੁ ਨਾਸੈ ਜੀਅ ਜਾ ਕੈ ਪ੍ਰਭੁ ਬਸੈ॥	(ਕੰਟਕੁ) ਦੁੱਖਦਾਈ। (ਜੀਅ) ਹਿਰਦਾ	Kaal Kanttak Lobh Mohu Naasai Jeea Jaa Kai Prabh Basai ||	The pains of death, greed and emotional attachment simply vanish, when God comes to dwell in the soul.	ਜਿਸ ਮਨੁੱਖ ਦੇ ਹਿਰਦੇ ਵਿਚ ਉਹ ਪ੍ਰਭੂ ਆ ਵੱਸਦਾ ਹੈ, ਉਸ ਦੇ ਅੰਦਰੋਂ ਮੋਹ ਲੋਭ ਤੇ ਦੁਖਦਾਈ (ਕੰਡੇ ਵਾਂਗ ਚੁੱਭਦਾ ਰਹਿਣ ਵਾਲਾ) ਮੌਤ ਦਾ ਸਹਮ ਦੂਰ ਹੋ ਜਾਂਦਾ ਹੈ।
10882	249	ਸੁਪ੍ਰਸੰਨ ਦੇਵਾ ਸਫਲ ਸੇਵਾ ਭਈ ਪੂਰਨ ਘਾਲਾ॥	(ਦੇਵਾ) ਵਾਹਿਗੁਰੂ ਜੀ। (ਘਾਲਾ) ਸੇਵਾ। ਸੁਪ੍ਰਸੰਨ	Suprasann Dhaevaa Safal Saevaa Bhee Pooran Ghaalaa ||	When the Lord is thoroughly pleased, then one's service becomes perfectly fruitful.	(ਹੇ ਮਨ!) ਜਿਸ ਮਨੁੱਖ ਉਤੇ ਪ੍ਰਭੂ-ਦੇਵ ਜੀ ਚੰਗੀ ਤਰ੍ਹਾਂ ਪ੍ਰਸੰਨ ਹੋ ਜਾਣ, ਉਸ ਦੀ ਕੀਤੀ ਸੇਵਾ ਨੂੰ ਫਲ ਲੱਗ ਪੰਦੇਦਾ ਹੈ, ਉਸ ਦੀ ਕੀਤੀ ਮਿਹਨਤ ਸਿਰੇ ਚੜ੍ਹ ਜਾਂਦੀ ਹੈ।
10883	249	ਬਿਨਵੰਤ ਨਾਨਕ ਇਛ ਪੁਨੀ ਜਪਤ ਦੀਨ ਦੈਆਲਾ॥੪॥੩॥		Binavanth Naanak Eishh Punee Japath Dheen Dhaiaalaa ||4||3||	Prays Nanak, my desires are fulfilled by meditating on the Lord, Merciful to the meek. ||4||3||	ਨਾਨਕ ਬੇਨਤੀ ਕਰਦਾ ਹੈ- ਗ਼ਰੀਬਾਂ ਉਤੇ ਦਇਆ ਕਰਨ ਵਾਲੇ ਪਰਮਾਤਮਾ ਦਾ ਨਾਮ ਜਪਿਆਂ ਹਰੇਕ ਇੱਛਾ ਪੂਰੀ ਹੋ ਜਾਂਦੀ ਹੈ ॥੪॥੩॥

10884	249	ਗਉੜੀ ਮਹਲਾ ੫॥		Gourree Mehalaa 5 ||	Gauree, Fifth Mehl:	
10885	249	ਸੁਣਿ ਸਖੀਏ ਮਿਲਿ ਉਦਮੁ ਕਰੇਹਾ ਮਨਾਇ ਲੈਹਿ ਹਰਿ ਕੰਤੈ॥		Sun Sakheeeae Mil Oudham Karaehaa Manaae Laihi Har Kanthai ||	Listen O my companions: let's join together and make the effort to surrender to our Husband Lord.	ਹੇ ਸਹੇਲੀਏ! (ਹੇ ਸਤਸੰਗੀ ਸੱਜਣ! ਮੇਰੀ ਬੇਨਤੀ) ਸੁਣ (ਆ,) ਰਲ ਕੇ ਭਜਨ ਕਰੀਏ (ਤੇ) ਕੰਤ-ਪ੍ਰਭੂ ਨੂੰ (ਆਪਣੇ ਉਤੇ) ਖ਼ੁਸ਼ ਕਰ ਲਈਏ।
10886	249	ਮਾਨੁ ਤਿਆਗਿ ਕਰਿ ਭਗਤਿ ਠਗਉਰੀ ਮੋਹਹ ਸਾਧੂ ਮੰਤੈ॥	(ਠਗਉਰੀ) ਠੱਗ ਬੂਟੀ। (ਸਾਧੂ) ਸਤਿਗੁਰੂ ਜੀ ਦੇ (ਮੰਤੈ) ਉਪਦੇਸ਼ ਨਾਲ (ਮੋ-ਹਹ) ਮੋਹ ਲਈਏ	Maan Thiaag Kar Bhagath Thagouree Moheh Saadhhoo Manthai ||	Renouncing our pride, let's charm Him with the potion of devotional worship, and the mantra of the Holy Saints.	ਅਹੰਕਾਰ ਦੂਰ ਕਰ ਕੇ (ਤੇ ਕੰਤ-ਪ੍ਰਭੂ ਦੀ) ਭਗਤੀ ਨੂੰ ਠਗਬੂਟੀ ਬਣਾ ਕੇ (ਇਸ ਬੂਟੀ ਨਾਲ ਉਸ ਪ੍ਰਭੂ-ਪਤੀ ਨੂੰ) ਗੁਰੂ ਦੇ ਉਪਦੇਸ਼ ਦੀ ਰਾਹੀਂ (ਗੁਰੂ ਦੇ ਉਪਦੇਸ਼ ਉਤੇ ਤੁਰ ਕੇ) ਮੋਹ ਲਈਏ।
10887	249	ਸਖੀ ਵਸਿ ਆਇਆ ਫਿਰਿ ਛੋਡਿ ਨ ਜਾਈ ਇਹ ਰੀਤਿ ਭਲੀ ਭਗਵੰਤੈ॥	(ਰੀਤਿ) ਮਰਯਾਦਾ। ਵੱਸਿ	Sakhee Vas Aaeiaa Fir Shhodd N Jaaee Eih Reeth Bhalee Bhagavanthai ||	O my companions, when He comes under our power, He shall never leave us again. This is the good nature of the Lord God.	ਹੇ ਸਹੇਲੀ! ਉਸ ਭਗਵਾਨ ਦੀ ਇਹ ਸੋਹਣੀ ਮਰਯਾਦਾ ਹੈ ਕਿ ਜੇ ਉਹ ਇਕ ਵਾਰੀ ਪ੍ਰੇਮ-ਵੱਸ ਹੋ ਜਾਵੇ ਤਾਂ ਫਿਰ ਕਦੇ ਛੱਡ ਕੇ ਨਹੀਂ ਜਾਂਦਾ।

10888	249	ਨਾਨਕ ਜਰਾ ਮਰਣ ਭੈ ਨਰਕ ਨਿਵਾਰੈ ਪੁਨੀਤ ਕਰੈ ਤਿਸੁ ਜੰਤੈ॥੧॥	(ਜਰਾ) ਬੁਢੇਪਾ। (ਨਿਵਾਰੈ) ਦੂਰ ਕਰੇ	Naanak Jaraa Maran Bhai Narak Nivaarai Puneeth Karai This Janthai ||1||	O Nanak, God dispels the fear of old age, death and hell; He purifies His beings. ||1||	ਹੇ ਨਾਨਕ! (ਜੇਹੜਾ ਜੀਵ ਕੰਤ-ਪ੍ਰਭੂ ਦੀ ਸਰਨ ਆਉਂਦਾ ਹੈ) ਉਸ ਜੀਵ ਨੂੰ ਉਹ ਪਵਿਤ੍ਰ (ਜੀਵਨ ਵਾਲਾ) ਬਣਾ ਦੇਂਦਾ ਹੈ (ਉਸ ਦੇ ਪਵਿਤ੍ਰ ਆਤਮਕ ਜੀਵਨ ਨੂੰ ਉਹ ਪ੍ਰਭੂ) ਬੁਢੇਪਾ ਨਹੀਂ ਆਉਣ ਦੇਂਦਾ, ਮੌਤ ਨਹੀਂ ਆਉਣ ਦੇਂਦਾ, ਉਸ ਦੇ ਸਾਰੇ ਡਰ ਤੇ ਨਰਕ (ਵੱਡੇ ਤੋਂ ਵੱਡੇ ਦੁੱਖ) ਦੂਰ ਕਰ ਦੇਂਦਾ ਹੈ ॥੧॥
10889	249	ਸੁਣਿ ਸਖੀਏ ਇਹ ਭਲੀ ਬਿਨੰਤੀ ਏਹੁ ਮਤਾਂਤੁ ਪਕਾਈਐ॥	(ਮਤਾਂਤੁ) ਮਤਾ	Sun Sakheeeae Eih Bhalee Binanthee Eaehu Mathaanth Pakaaeeai ||	Listen, O my companions, to my sincere prayer: let's make this firm resolve.	ਹੇ ਸਹੇਲੀਏ! (ਹੇ ਸਤਸੰਗੀ ਸੱਜਣ! ਮੇਰੀ) ਇਹ ਭਲੀ ਬੇਨਤੀ (ਸੁਣ। ਆ) ਇਹ ਸਲਾਹ ਪੱਕੀ ਕਰੀਏ,
10890	249	ਸਹਜਿ ਸੁਭਾਇ ਉਪਾਧਿ ਰਹਤ ਹੋਇ ਗੀਤ ਗੋਵਿੰਦਹਿ ਗਾਈਐ॥	(ਉਪਾਧਿ) ਛਲ ਫਰੇਬ	Sehaj Subhaae Oupaadhh Rehath Hoe Geeth Govindhehi Gaaeeai ||	In the peaceful poise of intuitive bliss, violence will be gone, as we sing the Glorious Praises of the Lord of the Universe.	(ਕਿ) ਆਤਮਕ ਅਡੋਲਤਾ ਵਿਚ ਪ੍ਰਭੂ-ਪ੍ਰੇਮ ਵਿਚ ਟਿਕ ਕੇ (ਆਪਣੇ ਅੰਦਰੋਂ) ਛਲ-ਫ਼ਰੇਬ ਦੂਰ ਕਰ ਕੇ ਗੋਬਿਦ (ਦੀ ਸਿਫ਼ਤ-ਸਾਲਾਹ) ਦੇ ਗੀਤ ਗਾਵੀਏ।

10891	249	ਕਲਿ ਕਲੇਸ ਮਿਟਹਿ ਭ੍ਰਮ ਨਾਸਹਿ ਮਨਿ ਚਿੰਦਿਆ ਫਲੁ ਪਾਈਐ॥		Kal Kalaes Mittehi Bhram Naasehi Man Chindhiaa Fal Paaeeai ||	Our pains and troubles shall be eradicated, and our doubts shall be dispelled; we will receive the fruits of our minds' desires.	(ਗੋਬਿੰਦ ਦੀ ਸਿਫ਼ਤ-ਸਾਲਾਹ ਕੀਤਿਆਂ, ਅੰਦਰੋਂ ਵਿਕਾਰਾਂ ਦੀ) ਖਹ-ਖਹ ਤੇ ਹੋਰ ਸਾਰੇ ਕਲੇਸ਼ ਮਿਟ ਜਾਂਦੇ ਹਨ (ਮਾਇਆ ਦੇ ਪਿੱਛੇ ਮਨ ਦੀਆਂ) ਦੌੜ-ਭੱਜਾਂ ਮੁੱਕ ਜਾਂਦੀਆਂ ਹਨ, ਮਨ ਵਿਚ ਚਿਤਵਿਆ ਹੋਇਆ ਫਲ ਪ੍ਰਾਪਤ ਹੋ ਜਾਂਦਾ ਹੈ।
10892	249	ਪਾਰਬ੍ਰਹਮ ਪੂਰਨ ਪਰਮੇਸਰ ਨਾਨਕ ਨਾਮੁ ਧਿਆਈਐ॥੨॥		Paarabreham Pooran Paramaesar Naanak Naam Dhhiaaeeai ||2||	O Nanak, meditate on the Naam, the Name of the Supreme Lord God, the Perfect, Transcendent Lord. ||2||	ਹੇ ਨਾਨਕ! (ਆਖ-ਹੇ ਸਤਸੰਗੀ ਸੱਜਣ!) ਪਾਰਬ੍ਰਹਮ ਪੂਰਨ ਪਰਮੇਸਰ ਦਾ ਨਾਮ (ਸਦਾ) ਸਿਮਰਨਾ ਚਾਹੀਦਾ ਹੈ ॥੨॥
10893	249	ਸਖੀ ਇਛ ਕਰੀ ਨਿਤ ਸੁਖ ਮਨਾਈ ਪ੍ਰਭ ਮੇਰੀ ਆਸ ਪੁਜਾਏ॥	ਸ਼ੁਭ ਕਾਮਨਾ ਦੀ ਪ੍ਰਾਪਤੀ ਲਈ ਸੁੱਖ ਸੁੱਖਦੇ ਹਨ। ਸੁੱਖ	Sakhee Eishh Karee Nith Sukh Manaaee Prabh Maeree Aas Pujaaeae ||	O my companions, I yearn for Him continually; I invoke His Blessings, and pray that God may fulfill my hopes.	(ਹੇ ਸਹੇਲੀਏ! ਮੈਂ ਸਦਾ ਤਾਂਘ ਕਰਦੀ ਰਹਿੰਦੀ ਹਾਂ ਤੇ ਸੁੱਖਣਾ ਸੁੱਖਦੀ ਰਹਿੰਦੀ ਹਾਂ (ਕਿ) ਹੇ ਪ੍ਰਭੂ! ਮੇਰੀ ਆਸ ਪੂਰੀ ਕਰ,
10894	249	ਚਰਨ ਪਿਆਸੀ ਦਰਸ ਬੈਰਾਗਨਿ ਪੇਖਉ ਥਾਨ ਸਬਾਏ॥	(ਸਬਾਏ) ਸਾਰੇ	Charan Piaasee Dharas Bairaagan Paekho Thhaan Sabaaeae ||	I thirst for His Feet, and I long for the Blessed Vision of His Darshan; I look for Him everywhere.	ਮੈਂ ਤੇਰੇ ਦਰਸਨ ਲਈ ਉਤਾਵਲੀ ਹੋਈ ਸਾਰੇ ਥਾਂ ਵੇਖਦੀ ਫਿਰਦੀ ਹਾਂ।

10895	249	ਖੋਜਿ ਲਹਉ ਹਰਿ ਸੰਤ ਜਨਾ ਸੰਗੁ ਸੰਮ੍ਰਿਥ ਪੁਰਖ ਮਿਲਾਏ॥	ਸੰਮ-ਰ੍ਿਥ	Khoj Leho Har Santh Janaa Sang Sanmrithh Purakh Milaaeae ||	I search for traces of the Lord in the Society of the Saints; they will unite me with the All-powerful Primal Lord God.	(ਹੇ ਸਹੇਲੀਏ! ਪ੍ਰਭੂ ਦੀ) ਖੋਜ ਕਰ ਕਰ ਕੇ ਮੈਂ ਸੰਤ ਜਨਾਂ ਦਾ ਸਾਥ (ਜਾ) ਲੱਭਦੀ ਹਾਂ (ਸਾਧ ਸੰਗਤਿ ਹੀ ਉਸ ਪ੍ਰਭੂ ਦਾ) ਮੇਲ ਕਰਾਂਦੀ ਹੈ ਜੋ ਸਾਰੀਆਂ ਤਾਕਤਾਂ ਦਾ ਮਾਲਕ ਹੈ ਤੇ ਜੋ ਸਭ ਵਿਚ ਵਿਆਪਕ ਹੈ।
10896	249	ਨਾਨਕ ਤਿਨ ਮਿਲਿਆ ਸੁਰਿਜਨੁ ਸੁਖਦਾਤਾ ਸੇ ਵਡਭਾਗੀ ਮਾਏ॥੩॥	(ਸੁਰਿਜਨੁ) ਪਿਆਰੇ	Naanak Thin Miliaa Surijan Sukhadhaathaa Sae Vaddabhaagee Maaeae ||3||	O Nanak, those humble, noble beings who meet the Lord, the Giver of peace, are very blessed, O my mother. ||3||	ਹੇ ਨਾਨਕ! (ਆਖ)-ਹੇ ਮਾਂ! (ਜੇਹੜੇ ਮਨੁੱਖ ਸਾਧ ਸੰਗਤਿ ਵਿਚ ਮਿਲਦੇ ਹਨ) ਉਹਨਾਂ ਨੂੰ ਹੀ ਦੇਵ-ਲੋਕ ਦਾ ਮਾਲਕ ਤੇ ਸਾਰੇ ਸੁਖ ਦੇਣ ਵਾਲਾ ਪ੍ਰਭੂ ਮਿਲਦਾ ਹੈ ਉਹੀ ਮਨੁੱਖ ਵੱਡੇ ਭਾਗਾਂ ਵਾਲੇ ਹਨ ॥੩॥
10897	249	ਸਖੀ ਨਾਲਿ ਵਸਾ ਅਪੁਨੇ ਨਾਹ ਪਿਆਰੇ ਮੇਰਾ ਮਨੁ ਤਨੁ ਹਰਿ ਸੰਗਿ ਹਿਲਿਆ॥	(ਨਾਹ) ਪਤੀ ਪ੍ਰਮਾਤਮਾ ਜੀ। ਹਿਲਿਆ:ਪੋਲਾ ਬੋਲੋ। (ਹਿਲਿਆ) ਗਿੱਝ ਗਿਆ। ਵਸਾਂ: ਪੋਲਾ ਬੋਲੋ	Sakhee Naal Vasaa Apunae Naah Piaarae Maeraa Man Than Har Sang Hiliaa ||	O my companions, now I dwell with my Beloved Husband; my mind and body are attuned to the Lord.	ਹੇ ਸਹੇਲੀਏ! (ਸਾਧ ਸੰਗਤਿ ਦੀ ਬਰਕਤਿ ਨਾਲ ਹੁਣ) ਮੈਂ (ਸਦਾ) ਆਪਣੇ ਖਸਮ-ਪ੍ਰਭੂ ਨਾਲ ਵੱਸਦੀ ਹਾਂ, ਮੇਰਾ ਮਨ ਉਸ ਹਰੀ ਨਾਲ ਗਿੱਝ ਗਿਆ ਹੈ, ਮੇਰਾ ਤਨ (ਹਿਰਦਾ) ਉਸ ਹਰੀ ਨਾਲ ਇਕ-ਮਿੱਕ ਹੋ ਗਿਆ ਹੈ।

10898	249	ਸੁਣਿ ਸਖੀਏ ਮੇਰੀ ਨੀਦ ਭਲੀ ਮੈ ਆਪਨੜਾ ਪਿਰੁ ਮਿਲਿਆ॥		Sun Sakheeeae Maeree Needh Bhalee Mai Aapanarraa Pir Miliaa ||	Listen, O my companions: now I sleep well, since I found my Husband Lord.	ਹੇ ਸਹੇਲੀਏ! ਸੁਣ, (ਹੁਣ) ਮੈਨੂੰ ਨੀਂਦ ਭੀ ਪਿਆਰੀ ਲੱਗਦੀ ਹੈ, (ਕਿਉਂਕਿ ਸੁਪਨੇ ਵਿਚ ਭੀ) ਮੈਨੂੰ ਆਪਣਾ ਪਿਆਰਾ ਪਤੀ ਮਿਲ ਪੈਂਦਾ ਹੈ।
10899	249	ਭ੍ਰਮੁ ਖੋਇਓ ਸਾਂਤਿ ਸਹਜਿ ਸੁਆਮੀ ਪਰਗਾਸੁ ਭਇਆ ਕਉਲੁ ਖਿਲਿਆ॥	ਹਿਰਦੇ ਰੂਪੀ (ਕਉਲੁ) ਕਮਲ। ਖਿਲਿਆ: ਪੋਲਾ ਬੋਲੋ	Bhram Khoeiou Saanth Sehaj Suaamee Paragaas Bhaeiaa Koul Khiliaa ||	My doubts have been dispelled, and I have found intuitive peace and tranquility through my Lord and Master. I have been enlightened, and my heart-lotus has blossomed forth.	ਉਸ ਮਾਲਕ-ਪ੍ਰਭੂ ਨੇ ਮੇਰੀ ਭਟਕਣਾ ਦੂਰ ਕਰ ਦਿੱਤੀ ਹੈ, ਮੇਰੇ ਅੰਦਰ ਹੁਣ ਸ਼ਾਂਤੀ ਬਣੀ ਰਹਿੰਦੀ ਹੈ, ਮੈਂ ਆਤਮਕ ਅਡੋਲਤਾ ਵਿਚ ਟਿਕੀ ਰਹਿੰਦੀ ਹਾਂ, (ਮੇਰੇ ਅੰਦਰ ਉਸ ਦੀ ਜੋਤਿ ਦਾ) ਚਾਨਣ ਹੋ ਗਿਆ ਹੈ (ਜਿਵੇਂ ਸੂਰਜ ਦੀਆਂ ਕਿਰਨਾਂ ਨਾਲ)) ਕੌਲ-ਫੁੱਲ ਖਿੜ ਪੈਂਦਾ ਹੈ (ਤਿਵੇਂ ਉਸ ਦੀ ਜੋਤਿ ਦੇ ਚਾਨਣ ਨਾਲ ਮੇਰਾ ਹਿਰਦਾ ਖਿੜਿਆ ਰਹਿੰਦਾ ਹੈ)।
10900	249	ਵਰੁ ਪਾਇਆ ਪ੍ਰਭੁ ਅੰਤਰਿਜਾਮੀ ਨਾਨਕ ਸੋਹਾਗੁ ਨ ਟਲਿਆ॥੪॥੪॥੨॥ ੫॥੧੧॥		Var Paaeiaa Prabh Antharajaamee Naanak Sohaag N Ttaliaa ||4||4||2||5||11 ||	I have obtained God, the Inner-knower, the Searcher of hearts, as my Husband; O Nanak, my marriage shall last forever. ||4||4||2||5||11||	ਹੇ ਨਾਨਕ! (ਆਖ-ਹੇ ਸਹੇਲੀਏ! ਸਾਧ ਸੰਗਤਿ ਦੀ ਬਰਕਤਿ ਨਾਲ) ਮੈਂ ਅੰਤਰਜਾਮੀ ਪ੍ਰਭੂ-ਖਸਮ ਲੱਭ ਲਿਆ ਹੈ, ਤੇ (ਮੇਰੇ ਸਿਰ ਦਾ) ਇਹ ਸੁਹਾਗ ਕਦੇ ਦੂਰ ਹੋਣ ਵਾਲਾ ਨਹੀਂ ॥੪॥੪॥੨॥੫॥੧੧॥

10901	250	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
10902	250	ਗਉੜੀ ਬਾਵਨ ਅਖਰੀ ਮਹਲਾ ੫॥	ਅੱਖਰੀ	Gourree Baavan Akharee Mehalaa 5 ||	Gauree, Baavan Akhree ~ The 52 Letters, Fifth Mehl:	ਰਾਗ ਗਉੜੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਬਾਵਨ-ਅਖੱਰੀ' (੫੨ ਅੱਖਰਾਂ ਵਾਲੀ ਬਾਣੀ)।
10903	250	ਸਲੋਕੁ॥		Salok ||	Shalok:	
10904	250	ਗੁਰਦੇਵ ਮਾਤਾ ਗੁਰਦੇਵ ਪਿਤਾ ਗੁਰਦੇਵ ਸੁਆਮੀ ਪਰਮੇਸੁਰਾ॥		Guradhaev Maathaa Guradhaev Pithaa Guradhaev Suaamee Paramaesuraa ||	The Divine Guru is my mother, the Divine Guru is my father; the Divine Guru is my Transcendent Lord and Master.	ਗੁਰੂ ਹੀ ਮਾਂ ਹੈ, ਗੁਰੂ ਹੀ ਪਿਉ ਹੈ (ਗੁਰੂ ਹੀ ਆਤਮਕ ਜਨਮ ਦੇਣ ਵਾਲਾ ਹੈ), ਗੁਰੂ ਮਾਲਕ-ਪ੍ਰਭੂ ਦਾ ਰੂਪ ਹੈ।
10905	250	ਗੁਰਦੇਵ ਸਖਾ ਅਗਿਆਨ ਭੰਜਨੁ ਗੁਰਦੇਵ ਬੰਧਿਪ ਸਹੋਦਰਾ॥	(ਬੰਧਿਪ) ਸਬੰਧੀ। (ਸਹੋਦਰਾ) ਸਕਾ ਭਰਾ	Guradhaev Sakhaa Agiaan Bhanjan Guradhaev Bandhhip Sehodharaa ||	The Divine Guru is my companion, the Destroyer of ignorance; the Divine Guru is my relative and brother.	ਗੁਰੂ (ਮਾਇਆ ਦੇ ਮੋਹ ਦਾ) ਹਨੇਰਾ ਨਾਸ ਕਰਨ ਵਾਲਾ ਮਿੱਤਰ ਹੈ, ਗੁਰੂ ਹੀ (ਤੋੜ ਨਿਭਣ ਵਾਲਾ) ਸੰਬੰਧੀ ਤੇ ਭਰਾ ਹੈ।

10906	250	ਗੁਰਦੇਵ ਦਾਤਾ ਹਰਿ ਨਾਮੁ ਉਪਦੇਸੈ ਗੁਰਦੇਵ ਮੰਤੁ ਨਿਰੋਧਰਾ॥	(ਨਿਰੋਧਰਾ) ਨਿਰਾ ਉਧਾਰ ਕਰਨ ਵਾਲੇ	Guradhaev Dhaathaa Har Naam Oupadhaesai Guradhaev Manth Nirodhharaa ||	The Divine Guru is the Giver, the Teacher of the Lord's Name. The Divine Guru is the Mantra which never fails.	ਗੁਰੂ (ਅਸਲੀ) ਦਾਤਾ ਹੈ ਜੋ ਪ੍ਰਭੂ ਦਾ ਨਾਮ ਉਪਦੇਸ਼ਦਾ ਹੈ, ਗੁਰੂ ਦਾ ਉਪਦੇਸ਼ ਐਸਾ ਹੈ ਜਿਸ ਦਾ ਅਸਰ (ਕੋਈ ਵਿਕਾਰ ਆਦਿਕ) ਗਵਾ ਨਹੀਂ ਸਕਦਾ।
10907	250	ਗੁਰਦੇਵ ਸਾਂਤਿ ਸਤਿ ਬੁਧਿ ਮੂਰਤਿ ਗੁਰਦੇਵ ਪਾਰਸ ਪਰਸ ਪਰਾ॥	(ਪਰਸ) ਛੋਹ। (ਪਰਾ) ਪਰ੍ਹੇ। ਸੱਤਿ। ਬੁੱਧਿ	Guradhaev Saanth Sath Budhh Moorath Guradhaev Paaras Paras Paraa ||	The Divine Guru is the Image of peace, truth and wisdom. The Divine Guru is the Philosopher's Stone - touching it, one is transformed.	ਗੁਰੂ ਸ਼ਾਂਤੀ ਸੱਚ ਅਤੇ ਅਕਲ ਦਾ ਸਰੂਪ ਹੈ, ਗੁਰੂ ਇਕ ਐਸਾ ਪਾਰਸ ਹੈ ਜਿਸ ਦੀ ਛੋਹ ਪਾਰਸ ਦੀ ਛੋਹ ਨਾਲੋਂ ਸ੍ਰੇਸ਼ਟ ਹੈ।
10908	250	ਗੁਰਦੇਵ ਤੀਰਥੁ ਅੰਮ੍ਰਿਤ ਸਰੋਵਰੁ ਗੁਰ ਗਿਆਨ ਮਜਨੁ ਅਪਰੰਪਰਾ॥	ਮੱਜਨੁ।ਅਪ-ਰੰਪਰਾ	Guradhaev Theerathh Anmrith Sarovar Gur Giaan Majan Aparanparaa ||	The Divine Guru is the sacred shrine of pilgrimage, and the pool of divine ambrosia; bathing in the Guru's wisdom, one experiences the Infinite.	ਗੁਰੂ (ਸੱਚਾ) ਤੀਰਥ ਹੈ, ਅੰਮ੍ਰਿਤ ਦਾ ਸਰੋਵਰ ਹੈ, ਗੁਰੂ ਦੇ ਗਿਆਨ (-ਜਲ) ਦਾ ਇਸ਼ਨਾਨ (ਹੋਰ ਸਾਰੇ ਤੀਰਥਾਂ ਦੇ ਇਸ਼ਨਾਨ ਨਾਲੋਂ) ਬਹੁਤ ਹੀ ਸ੍ਰੇਸ਼ਟ ਹੈ।
10909	250	ਗੁਰਦੇਵ ਕਰਤਾ ਸਭਿ ਪਾਪ ਹਰਤਾ ਗੁਰਦੇਵ ਪਤਿਤ ਪਵਿਤ ਕਰਾ॥	(ਹਰਤਾ) ਨਾਸ ਕਰਦੇ	Guradhaev Karathaa Sabh Paap Harathaa Guradhaev Pathith Pavith Karaa ||	The Divine Guru is the Creator, and the Destroyer of all sins; the Divine Guru is the Purifier of sinners.	ਗੁਰੂ ਕਰਤਾਰ ਦਾ ਰੂਪ ਹੈ, ਸਾਰੇ ਪਾਪਾਂ ਨੂੰ ਦੂਰ ਕਰਨ ਵਾਲਾ ਹੈ, ਗੁਰੂ ਵਿਕਾਰੀ ਬੰਦਿਆਂ (ਦੇ ਹਿਰਦੇ) ਨੂੰ ਪਵਿੱਤਰ ਕਰਨ ਵਾਲਾ ਹੈ।

10910	250	ਗੁਰਦੇਵ ਆਦਿ ਜੁਗਾਦਿ ਜੁਗੁ ਜੁਗੁ ਗੁਰਦੇਵ ਮੰਤੁ ਹਰਿ ਜਪਿ ਉਧਰਾ॥	ਜੁੱਗਾਦਿ ਜੁੱਗੁ ਜੁੱਗੁ	Guradhaev Aadh Jugaadh Jug Jug Guradhaev Manth Har Jap Oudhharaa ||	The Divine Guru existed at the primal beginning, throughout the ages, in each and every age. The Divine Guru is the Mantra of the Lord's Name; chanting it, one is saved.	ਜਦੋਂ ਤੋਂ ਜਗਤ ਬਣਿਆ ਹੈ ਗੁਰੂ ਸ਼ੁਰੂ ਤੋਂ ਹੀ ਹਰੇਕ ਜੁਗ ਵਿਚ (ਪਰਮਾਤਮਾ ਦੇ ਨਾਮ ਦਾ ਉਪਦੇਸ਼-ਦਾਤਾ) ਹੈ। ਗੁਰੂ ਦਾ ਦਿੱਤਾ ਹੋਇਆ ਹਰਿ-ਨਾਮ ਮੰਤ੍ਰ ਜਪ ਕੇ (ਸੰਸਾਰ-ਸਮੁੰਦਰ ਦੇ ਵਿਕਾਰਾਂ ਦੀਆਂ ਲਹਿਰਾਂ ਤੋਂ) ਪਾਰ ਲੰਘ ਜਾਈਦਾ ਹੈ।
10911	250	ਗੁਰਦੇਵ ਸੰਗਤਿ ਪ੍ਰਭ ਮੇਲਿ ਕਰਿ ਕਿਰਪਾ ਹਮ ਮੂੜ ਪਾਪੀ ਜਿਤੁ ਲਗਿ ਤਰਾ॥		Guradhaev Sangath Prabh Mael Kar Kirapaa Ham Moorr Paapee Jith Lag Tharaa ||	O God, please be merciful to me, that I may be with the Divine Guru; I am a foolish sinner, but holding onto Him, I am carried across.	ਹੇ ਪ੍ਰਭੂ! ਮਿਹਰ ਕਰ, ਸਾਨੂੰ ਗੁਰੂ ਦੀ ਸੰਗਤਿ ਦੇਹ, ਤਾ ਕਿ ਅਸੀਂ ਮੂਰਖ ਪਾਪੀ ਉਸ ਦੀ ਸੰਗਤਿ ਵਿਚ (ਰਹਿ ਕੇ) ਤਰ ਜਾਈਏ।
10912	250	ਗੁਰਦੇਵ ਸਤਿਗੁਰੁ ਪਾਰਬ੍ਰਹਮੁ ਪਰਮੇਸਰੁ ਗੁਰਦੇਵ ਨਾਨਕ ਹਰਿ ਨਮਸਕਰਾ॥੧॥		Guradhaev Sathigur Paarabreham Paramaesar Guradhaev Naanak Har Namasakaraa ||1||	The Divine Guru is the True Guru, the Supreme Lord God, the Transcendent Lord; Nanak bows in humble reverence to the Lord, the Divine Guru. ||1||	ਗੁਰੂ ਪਰਮੇਸਰ ਪਾਰਬ੍ਰਹਮ ਦਾ ਰੂਪ ਹੈ। ਹੇ ਨਾਨਕ! ਹਰੀ ਦੇ ਰੂਪ ਗੁਰੂ ਨੂੰ (ਸਦਾ) ਨਮਸਕਾਰ ਕਰਨੀ ਚਾਹੀਦੀ ਹੈ ॥੧॥
10913	250	ਸਲੋਕੁ॥		Salok ||	Shalok:	

10914	250	ਆਪਹਿ ਕੀਆ ਕਰਾਇਆ ਆਪਹਿ ਕਰਨੈ ਜੋਗੁ॥	ਆਪਹਿ	Aapehi Keeaa Karaaeiaa Aapehi Karanai Jog ||	He Himself acts, and causes others to act; He Himself can do everything.	ਸਾਰੀ ਜਗਤ-ਰਚਨਾ ਪ੍ਰਭੂ ਨੇ ਆਪ ਹੀ ਕੀਤੀ ਹੈ, ਆਪ ਹੀ ਕਰਨ ਦੀ ਸਮਰੱਥਾ ਵਾਲਾ ਹੈ।
10915	250	ਨਾਨਕ ਏਕੋ ਰਵਿ ਰਹਿਆ ਦੂਸਰ ਹੋਆ ਨ ਹੋਗੁ॥੧॥		Naanak Eaeko Rav Rehiaa Dhoosar Hoaa N Hog ||1||	O Nanak, the One Lord is pervading everywhere; there has never been any other, and there never shall be. ||1||	ਹੇ ਨਾਨਕ! ਉਹ ਆਪ ਹੀ ਸਾਰੇ ਜਗਤ ਵਿਚ ਵਿਆਪਕ ਹੈ, ਉਸ ਤੋਂ ਬਿਨਾ ਕੋਈ ਹੋਰ ਦੂਸਰਾ ਨਹੀਂ ਹੈ ॥੧॥
10916	250	ਪਉੜੀ॥		Pourree ||	Pauree:	ਪਉੜੀ
10917	250	ੴ ਸਾਧ ਸਤਿਗੁਰ ਨਮਸਕਾਰੰ॥	(ੴ) ਵਾਹਿਗੁਰੂ ਜੀ	Ouan Saadhh Sathigur Namasakaaran ||	ONG: I humbly bow in reverence to the One Universal Creator, to the Holy True Guru.	ਸਾਡੀ ਉਸ ਨਿਰੰਕਾਰ ਨੂੰ ਨਮਸਕਾਰ ਹੈ ਜੋ ਆਪ ਹੀ ਗੁਰੂ-ਰੂਪ ਧਾਰਦਾ ਹੈ,
10918	250	ਆਦਿ ਮਧਿ ਅੰਤਿ ਨਿਰੰਕਾਰੰ॥	ਮਧਿ: ਪੋਲਾ ਬੋਲੋ	Aadh Madhh Anth Nirankaaran ||	In the beginning, in the middle, and in the end, He is the Formless Lord.	ਜੋ ਜਗਤ ਦੇ ਸ਼ੁਰੂ ਵਿਚ ਭੀ ਆਪ ਹੀ ਸੀ, ਹੁਣ ਭੀ ਆਪ ਹੀ ਹੈ, ਜਗਤ ਦੇ ਅੰਤ ਵਿਚ ਭੀ ਆਪ ਹੀ ਰਹੇਗਾ।
10919	250	ਆਪਹਿ ਸੁੰਨ ਆਪਹਿ ਸੁਖ ਆਸਨ॥		Aapehi Sunn Aapehi Sukh Aasan ||	He Himself is in the absolute state of primal meditation; He Himself is in the seat of peace.	(ਜਦੋਂ ਜਗਤ ਦੀ ਹਸਤੀ ਨਹੀਂ ਹੁੰਦੀ) ਨਿਰੀ ਇਕੱਲ-ਰੂਪ ਭੀ ਉਹ ਆਪ ਹੀ ਹੁੰਦਾ ਹੈ, ਆਪ ਹੀ ਆਪਣੇ ਸੁਖ-ਸਰੂਪ ਵਿਚ ਟਿਕਿਆ ਹੁੰਦਾ ਹੈ,

10920	250	ਆਪਹਿ ਸੁਨਤ ਆਪ ਹੀ ਜਾਸਨ॥		Aapehi Sunath Aap Hee Jaasan ||	He Himself listens to His Own Praises.	ਤਦੋਂ ਆਪਣੀ ਸੋਭਾ ਸੁਣਨ ਵਾਲਾ ਭੀ ਆਪ ਹੀ ਹੁੰਦਾ ਹੈ।
10921	250	ਆਪਨਿ ਆਪੁ ਆਪਹਿ ਉਪਾਇਓ॥		Aapan Aap Aapehi Oupaaeiou ||	He Himself created Himself.	ਆਪਣੇ ਆਪ ਨੂੰ ਦਿੱਸਦੇ ਸਰੂਪ ਵਿਚ ਲਿਆਉਣ ਵਾਲਾ ਭੀ ਆਪ ਹੀ ਹੈ,
10922	250	ਆਪਹਿ ਬਾਪ ਆਪ ਹੀ ਮਾਇਓ॥		Aapehi Baap Aap Hee Maaeiou ||	He is His Own Father, He is His Own Mother.	ਆਪ ਹੀ (ਆਪਣੀ) ਮਾਂ ਹੈ, ਆਪ ਹੀ (ਆਪਣਾ) ਪਿਤਾ ਹੈ।
10923	250	ਆਪਹਿ ਸੂਖਮ ਆਪਹਿ ਅਸਥੂਲਾ॥	(ਸੂਖਮ) ਛੋਟੇ। (ਅਸਥੂਲਾ) ਵਿਸਥਾਰ ਵਾਲੇ	Aapehi Sookham Aapehi Asathhoolaa ||	He Himself is subtle and etheric; He Himself is manifest and obvious.	ਅਣ-ਦਿੱਸਦੇ ਤੇ ਦਿੱਸਦੇ ਸਰੂਪ ਵਾਲਾ ਆਪ ਹੀ ਹੈ।
10924	250	ਲਖੀ ਨ ਜਾਈ ਨਾਨਕ ਲੀਲ੍ਹਾ॥੧॥		Lakhee N Jaaee Naanak Leelaa ||1||	O Nanak, His wondrous play cannot be understood. ||1||	ਹੇ ਨਾਨਕ! (ਪਰਮਾਤਮਾ ਦੀ ਇਹ ਜਗ-ਰਚਨਾ ਵਾਲੀ) ਖੇਡ ਬਿਆਨ ਨਹੀਂ ਕੀਤੀ ਜਾ ਸਕਦੀ ॥੧॥
10925	250	ਕਰਿ ਕਿਰਪਾ ਪ੍ਰਭ ਦੀਨ ਦਇਆਲਾ॥	ਦ-ਇਆਲਾ	Kar Kirapaa Prabh Dheen Dhaeiaalaa ||	O God, Merciful to the meek, please be kind to me,	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! ਮੇਰੇ ਉਤੇ ਮਿਹਰ ਕਰ।
10926	250	ਤੇਰੇ ਸੰਤਨ ਕੀ ਮਨੁ ਹੋਇ ਰਵਾਲਾ॥ਰਹਾਉ॥	(ਰਵਾਲਾ) ਚਰਨ ਧੂੜ	Thaerae Santhan Kee Man Hoe Ravaalaa || Rehaao ||	That my mind might become the dust of the feet of Your Saints. ||Pause||	ਮੇਰਾ ਮਨ ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣਿਆ ਰਹੇ ॥ ਰਹਾਉ ॥

10927	250	ਸਲੋਕੁ॥		Salok ||	Shalok:	ਸਲੋਕ
10928	250	ਨਿਰੰਕਾਰ ਆਕਾਰ ਆਪਿ ਨਿਰਗੁਨ ਸਰਗੁਨ ਏਕ॥		Nirankaar Aakaar Aap Niragun Saragun Eaek ||	He Himself is formless, and also formed; the One Lord is without attributes, and also with attributes.	ਆਕਾਰ-ਰਹਿਤ ਪਰਮਾਤਮਾ ਆਪ ਹੀ (ਜਗਤ-) ਆਕਾਰ ਬਣਾਂਦਾ ਹੈ। ਉਹ ਆਪ ਹੀ (ਨਿਰੰਕਾਰ ਰੂਪ ਵਿਚ) ਮਾਇਆ ਦੇ ਤਿੰਨ ਸੁਭਾਵਾਂ ਤੋਂ ਪਰੇ ਰਹਿੰਦਾ ਹੈ, ਤੇ ਜਗਤ-ਰਚਨਾ ਰਚ ਕੇ ਮਾਇਆ ਦੇ ਤਿੰਨ ਗੁਣਾਂ ਵਾਲਾ ਹੋ ਜਾਂਦਾ ਹੈ।
10929	250	ਏਕਹਿ ਏਕ ਬਖਾਨਨੋ ਨਾਨਕ ਏਕ ਅਨੇਕ॥੧॥		Eaekehi Eaek Bakhaanano Naanak Eaek Anaek ||1||	Describe the One Lord as One, and Only One; O Nanak, He is the One, and the many. ||1||	ਹੇ ਨਾਨਕ! ਪ੍ਰਭੂ ਆਪਣੇ ਇਕ ਸਰੂਪ ਤੋਂ ਅਨੇਕਾਂ ਰੂਪ ਬਣਾ ਲੈਂਦਾ ਹੈ, (ਪਰ ਇਹ ਅਨੇਕ ਰੂਪ ਉਸ ਤੋਂ ਵੱਖਰੇ ਨਹੀਂ ਹਨ) ਇਹੀ ਕਿਹਾ ਜਾ ਸਕਦਾ ਹੈ ਕਿ ਉਹ ਇਕ ਆਪ ਹੀ ਆਪ ਹੈ ॥੧॥
10930	250	ਪਉੜੀ॥		Pourree ||	Pauree:	ਪਉੜੀ
10931	250	ੴ ਗੁਰਮੁਖਿ ਕੀਓ ਅਕਾਰਾ॥		Ouan Guramukh Keeou Akaaraa ||	ONG: The One Universal Creator created the Creation through the Word of the Primal Guru.	ਗੁਰਮੁਖ ਬਣਨ ਵਾਸਤੇ ਪ੍ਰਭੂ ਨੇ ਜਗਤ-ਰਚਨਾ ਕੀਤੀ ਹੈ।
10932	250	ਏਕਹਿ ਸੂਤਿ ਪਰੋਵਨਹਾਰਾ॥		Eaekehi Sooth Parovanehaaraa ||	He strung it upon His one thread.	ਸਾਰੇ ਜੀਵ-ਜੰਤਾਂ ਨੂੰ ਆਪਣੇ ਇਕੋ ਹੀ ਹੁਕਮ-ਧਾਗੇ ਵਿਚ ਪ੍ਰੋ ਰੱਖਣ ਦੇ ਸਮਰੱਥ ਹੈ।
10933	250	ਭਿੰਨ ਭਿੰਨ ਤ੍ਰੈ ਗੁਣ ਬਿਸਥਾਰੰ॥		Bhinn Bhinn Thrai Gun Bisathhaaran ||	He created the diverse expanse of the three qualities.	ਪ੍ਰਭੂ ਨੇ ਮਾਇਆ ਦੇ ਤਿੰਨ ਗੁਣਾਂ ਦਾ ਵੱਖ ਵੱਖ ਖਿਲਾਰਾ ਕਰ ਦਿੱਤਾ ਹੈ।

10934	250	ਨਿਰਗੁਨ ਤੇ ਸਰਗੁਨ ਦ੍ਰਿਸਟਾਰੰ॥		Niragun Thae Saragun Dhrisattaaran ||	From formless, He appeared as form.	ਪ੍ਰਭੂ ਨੇ ਆਪਣੇ ਅਦ੍ਰਿਸ਼ਟ ਰੂਪ ਤੋਂ ਦਿੱਸਦਾ ਜਗਤ ਰਚਿਆ ਹੈ।
10935	250	ਸਗਲ ਭਾਤਿ ਕਰਿ ਕਰਹਿ ਉਪਾਇਓ॥		Sagal Bhaath Kar Karehi Oupaaeiou ||	The Creator has created the creation of all sorts.	ਹੇ ਪ੍ਰਭੂ! ਤੂੰ ਸਾਰੀਆਂ (ਅਨੇਕਾਂ) ਕਿਸਮਾਂ ਬਣਾ ਕੇ ਜਗਤ-ਉਤਪੱਤੀ ਕੀਤੀ ਹੈ।
10936	250	ਜਨਮ ਮਰਨ ਮਨ ਮੋਹੁ ਬਢਾਇਓ॥		Janam Maran Man Mohu Badtaaeiou ||	The attachment of the mind has led to birth and death.	ਜਨਮ ਮਰਨ ਦਾ ਮੂਲ ਜੀਵਾਂ ਦੇ ਮਨ ਦਾ ਮੋਹ ਭੀ ਤੂੰ ਹੀ ਵਧਾਇਆ ਹੈ,
10937	250	ਦੁਹੂ ਭਾਤਿ ਤੇ ਆਪਿ ਨਿਰਾਰਾ॥		Dhuhoo Bhaath Thae Aap Niraaraa ||	He Himself is above both, untouched and unaffected.	ਪਰ ਤੂੰ ਆਪ ਜਨਮ ਮਰਨ ਤੋਂ ਵੱਖਰਾ ਹੈਂ।
10938	250	ਨਾਨਕ ਅੰਤੁ ਨ ਪਾਰਾਵਾਰਾ॥੨॥		Naanak Anth N Paaraavaaraa ||2||	O Nanak, He has no end or limitation. ||2||	ਹੇ ਨਾਨਕ! (ਆਖ-) ਪ੍ਰਭੂ ਦੇ ਉਰਲੇ ਪਰਲੇ ਬੰਨੇ ਦਾ ਅੰਤ ਨਹੀਂ ਪਾਇਆ ਜਾ ਸਕਦਾ ॥੨॥
10939	250	ਸਲੋਕੁ॥		Salok ||	Shalok:	ਸਲੋਕ
10940	250	ਸੇਈ ਸਾਹ ਭਗਵੰਤ ਸੇ ਸਚੁ ਸੰਪੈ ਹਰਿ ਰਾਸਿ॥	(ਸੰਪੈ) ਧਨ। (ਰਾਸਿ) ਪੂੰਜੀ	Saeee Saah Bhagavanth Sae Sach Sanpai Har Raas ||	Those who gather Truth and the riches of the Lord's Name are rich and very fortunate.	(ਜੀਵ ਜਗਤ ਵਿਚ ਹਰਿ-ਨਾਮ ਦਾ ਵਣਜ ਕਰਨ ਆਏ ਹਨ) ਜਿਨ੍ਹਾਂ ਪਾਸ ਪਰਮਾਤਮਾ ਦਾ ਨਾਮ-ਧਨ ਹੈ, ਹਰੀ ਦਾ ਨਾਮ (ਵਣਜ ਕਰਨ ਲਈ) ਪੂੰਜੀ ਹੈ, ਉਹੀ ਸਾਹੂਕਾਰ ਹਨ, ਉਹੀ ਧਨ ਵਾਲੇ ਹਨ।

10941	250	ਨਾਨਕ ਸਚੁ ਸੁਚਿ ਪਾਈਐ ਤਿਹ ਸੰਤਨ ਕੈ ਪਾਸਿ॥੧॥	ਸੁੱਚਿ	Naanak Sach Such Paaeeai Thih Santhan Kai Paas ||1||	O Nanak, truthfulness and purity are obtained from Saints such as these. ||1||	ਹੇ ਨਾਨਕ! ਅਜਿਹੇ ਸੰਤ ਜਨਾਂ ਤੋਂ ਹੀ ਨਾਮ-ਧਨ ਤੇ ਆਤਮਕ ਪਵਿੱਤ੍ਰਤਾ ਹਾਸਲ ਹੁੰਦੀ ਹੈ ॥੧॥
10942	250	ਪਵੜੀ॥		Pavarree ||	Pauree:	ਪਵੜੀ
10943	250	ਸਸਾ ਸਤਿ ਸਤਿ ਸਤਿ ਸੋਊ॥		Sasaa Sath Sath Sath Sooo ||	SASSA: True, True, True is that Lord.	ਉਹ ਪਰਮਾਤਮਾ ਸਦਾ-ਥਿਰ ਰਹਿਣ ਵਾਲਾ ਹੈ, ਸਦਾ-ਥਿਰ ਰਹਿਣ ਵਾਲਾ ਹੈ,
10944	250	ਸਤਿ ਪੁਰਖ ਤੇ ਭਿੰਨ ਨ ਕੋਊ॥		Sath Purakh Thae Bhinn N Kooo ||	No one is separate from the True Primal Lord.	ਉਸ ਸਦਾ-ਥਿਰ ਵਿਆਪਕ ਪ੍ਰਭੂ ਤੋਂ ਵੱਖਰੀ ਹਸਤੀ ਵਾਲਾ ਹੋਰ ਕੋਈ ਨਹੀਂ ਹੈ।
10945	250	ਸੋਊ ਸਰਨਿ ਪਰੈ ਜਿਹ ਪਾਯੰ॥	(ਪਾ-ਯੰ) ਪਾਉਂਦੇ ਹਨ	Sooo Saran Parai Jih Paayan ||	They alone enter the Lord's Sanctuary, whom the Lord inspires to enter.	ਜਿਸ ਮਨੁੱਖ ਨੂੰ ਪ੍ਰਭੂ ਆਪਣੀ ਸਰਨੀ ਪਾਂਦਾ ਹੈ, ਉਹੀ ਪੈਂਦਾ ਹੈ।
10946	250	ਸਿਮਰਿ ਸਿਮਰਿ ਗੁਨ ਗਾਇ ਸੁਨਾਯੰ॥	ਸੁਨਾ-ਯੰ: ਯੰ ਤਾਲੂ ਤੋਂ ਬੋਲੋ	Simar Simar Gun Gaae Sunaayan ||	Meditating, meditating in remembrance, they sing and preach the Glorious Praises of the Lord.	ਉਹ ਮਨੁੱਖ ਪ੍ਰਭੂ ਦਾ ਸਿਮਰਨ ਕਰ ਕੇ ਉਸ ਦੀ ਸਿਫ਼ਤ-ਸਾਲਾਹ ਕਰ ਕੇ ਹੋਰਨਾਂ ਨੂੰ ਭੀ ਸੁਣਾਂਦਾ ਹੈ।
10947	250	ਸੰਸੈ ਭਰਮੁ ਨਹੀ ਕਛੁ ਬਿਆਪਤ॥		Sansai Bharam Nehee Kashh Biaapath ||	Doubt and skepticism do not affect them at all.	ਕੋਈ ਸਹਮ ਕੋਈ ਭਟਕਣਾ ਉਸ ਮਨੁੱਖ ਉਤੇ ਜ਼ੋਰ ਨਹੀਂ ਪਾ ਸਕਦਾ, (ਕਿਉਂਕਿ ਉਸ ਨੂੰ ਹਰ ਥਾਂ ਪ੍ਰਭੂ ਹੀ ਪ੍ਰਭੂ ਦਿੱਸਦਾ ਹੈ।)

10948	250	ਪ੍ਰਗਟ ਪ੍ਰਤਾਪੁ ਤਾਹੂ ਕੋ ਜਾਪਤ॥		Pragatt Prathaap Thaahoo Ko Jaapath ||	They behold the manifest glory of the Lord.	ਉਸ ਨੂੰ ਹਰ ਥਾਂ ਪ੍ਰਭੂ ਦਾ ਹੀ ਪ੍ਰਤਾਪ ਪ੍ਰਤੱਖ ਦਿੱਸਦਾ ਹੈ।
10949	250	ਸੋ ਸਾਧੂ ਇਹ ਪਹੁਚਨਹਾਰਾ॥		So Saadhhoo Eih Pahuchanehaaraa ||	They are the Holy Saints - they reach this destination.	ਜੋ ਮਨੁੱਖ ਇਸ ਆਤਮਕ ਅਵਸਥਾ ਤੇ ਪਹੁੰਚਦਾ ਹੈ, ਉਸ ਨੂੰ ਸਾਧੂ ਜਾਣੋ।
10950	250	ਨਾਨਕ ਤਾ ਕੈ ਸਦ ਬਲਿਹਾਰਾ॥੩॥		Naanak Thaa Kai Sadh Balihaaraa ||3||	Nanak is forever a sacrifice to them. ||3||	ਹੇ ਨਾਨਕ! (ਆਖ)-ਮੈਂ ਉਸ ਤੋਂ ਸਦਾ ਸਦਕੇ ਹਾਂ ॥੩॥
10951	250	ਸਲੋਕੁ॥		Salok ||	Shalok:	ਸਲੋਕ
10952	250	ਧਨੁ ਧਨੁ ਕਹਾ ਪੁਕਾਰਤੇ ਮਾਇਆ ਮੋਹ ਸਭ ਕੂਰ॥		Dhhan Dhhan Kehaa Pukaarathae Maaeiaa Moh Sabh Koor ||	Why are you crying out for riches and wealth? All this emotional attachment to Maya is false.	(ਹੇ ਭਾਈ!) ਕਿਉਂ ਹਰ ਵੇਲੇ ਧਨ ਇਕੱਠਾ ਕਰਨ ਲਈ ਹੀ ਕੂਕਦੇ ਰਹਿੰਦੇ ਹੋ? ਮਾਇਆ ਦਾ ਮੋਹ ਤਾਂ ਝੂਠਾ ਹੀ ਹੈ (ਇਸ ਧਨ ਨੇ ਸਦਾ ਨਾਲ ਨਹੀਂ ਨਿਭਣਾ)।
10953	251	ਨਾਮ ਬਿਹੂਨੇ ਨਾਨਕਾ ਹੋਤ ਜਾਤ ਸਭੁ ਧੂਰ॥੧॥		Naam Bihoonae Naanakaa Hoth Jaath Sabh Dhhoor ||1||	Without the Naam, the Name of the Lord, O Nanak, all are reduced to dust. ||1||	ਹੇ ਨਾਨਕ! ਨਾਮ ਤੋਂ ਸੱਖਣਾ ਰਹਿ ਕੇ ਸਾਰਾ ਜਗਤ ਹੀ ਵਿਅਰਥ ਜੀਵਨ ਗੁਜ਼ਾਰ ਜਾਂਦਾ ਹੈ ॥੧॥
10954	251	ਪਵੜੀ॥		Pavarree ||	Pauree:	ਪਵੜੀ
10955	251	ਧਧਾ ਧੂਰਿ ਪੁਨੀਤ ਤੇਰੇ ਜਨੂਆ॥	(ਜਨੂ-ਆ) ਦਾਸਾਂ ਦੀ। ਧੱਧਾ	Dhhadhhaa Dhhoor Puneeth Thaerae Janooaa ||	DHADHA: The dust of the feet of the Saints is sacred.	ਹੇ ਪ੍ਰਭੂ! ਤੇਰੇ ਸੇਵਕਾਂ ਦੇ ਚਰਨਾਂ ਦੀ ਧੂੜ ਪਵਿਤ੍ਰ (ਕਰਨ ਵਾਲੀ ਹੁੰਦੀ) ਹੈ।

10956	251	ਧਨਿ ਤੇਊ ਜਿਹ ਰੁਚ ਇਆ ਮਨੂਆ॥	(ਰੁਚ) ਰੁਚੀ	Dhhan Thaeoo Jih Ruch Eiaa Manooaa ||	Blessed are those whose minds are filled with this longing.	ਉਹ ਬੰਦੇ ਭਾਗਾਂ ਵਾਲੇ ਹਨ, ਜਿਨ੍ਹਾਂ ਦੇ ਮਨ ਵਿਚ ਇਸ ਧੂੜ ਦੀ ਤਾਂਘ ਹੈ।
10957	251	ਧਨੁ ਨਹੀ ਬਾਛਹਿ ਸੁਰਗ ਨ ਆਛਹਿ॥	(ਆਛਹਿ) ਇੱਛਾ	Dhhan Nehee Baashhehi Surag N Aashhehi ||	They do not seek wealth, and they do not desire paradise.	(ਅਜੇਹੇ ਮਨੁੱਖ ਇਸ ਚਰਨ-ਧੂੜ ਦੇ ਟਾਕਰੇ ਤੇ ਦੁਨੀਆ ਵਾਲਾ) ਧਨ ਨਹੀਂ ਲੋੜਦੇ, ਸੁਰਗ ਦੀ ਭੀ ਤਾਂਘ ਨਹੀਂ ਰੱਖਦੇ,
10958	251	ਅਤਿ ਪ੍ਰਿਅ ਪ੍ਰੀਤਿ ਸਾਧ ਰਜ ਰਾਚਹਿ॥	ਰਜ:ਪੋਲਾ ਬੋਲੋ। (ਰਜ) ਚਰਨਧੂੜ	Ath Pria Preeth Saadhh Raj Raachehi ||	They are immersed in the deep love of their Beloved, and the dust of the feet of the Holy.	ਉਹ ਤਾਂ ਆਪਣੇ ਅਤਿ ਪਿਆਰੇ ਪ੍ਰਭੂ ਦੀ ਪ੍ਰੀਤ ਵਿਚ ਅਤੇ ਗੁਰਮੁਖਾਂ ਦੀ ਚਰਨ-ਧੂੜ ਵਿਚ ਹੀ ਮਸਤ ਰਹਿੰਦੇ ਹਨ।
10959	251	ਧੰਧੇ ਕਹਾ ਬਿਆਪਹਿ ਤਾਹੂ॥		Dhhandhhae Kehaa Biaapehi Thaahoo ||	How can worldly affairs affect those	ਮਾਇਆ ਦੇ ਕੋਈ ਜੰਜਾਲ ਉਹਨਾਂ ਤੇ ਜ਼ੋਰ ਨਹੀਂ ਪਾ ਸਕਦੇ,
10960	251	ਜੋ ਏਕ ਛਾਡਿ ਅਨ ਕਤਹਿ ਨ ਜਾਹੂ॥		Jo Eaek Shhaadd An Kathehi N Jaahoo ||	Who do not abandon the One Lord, and who go nowhere else?	ਜੇਹੜੇ ਮਨੁੱਖ ਇਕ ਪਰਮਾਤਮਾ ਦੀ ਓਟ ਛੱਡ ਕੇ ਕਿਸੇ ਹੋਰ ਪਾਸੇ ਨਹੀਂ ਜਾਂਦੇ।
10961	251	ਜਾ ਕੈ ਹੀਐ ਦੀਓ ਪ੍ਰਭ ਨਾਮ॥		Jaa Kai Heeai Dheeou Prabh Naam ||	One whose heart is filled with God's Name,	ਪ੍ਰਭੂ ਨੇ ਜਿਨ੍ਹਾਂ ਦੇ ਹਿਰਦੇ ਵਿਚ ਆਪਣਾ ਨਾਮ ਵਸਾ ਦਿੱਤਾ ਹੈ,
10962	251	ਨਾਨਕ ਸਾਧ ਪੂਰਨ ਭਗਵਾਨ॥੪॥		Naanak Saadhh Pooran Bhagavaan ||4||	O Nanak, is a perfect spiritual being of God. ||4||	ਹੇ ਨਾਨਕ! ਉਹ ਭਗਵਾਨ ਦਾ ਰੂਪ ਪੂਰੇ ਸੰਤ ਹਨ ॥੪॥

10963	251	ਸਲੋਕ॥		Salok ||	Shalok:	
10964	251	ਅਨਿਕ ਭੇਖ ਅਰੁ ਙਿਆਨ ਧਿਆਨ ਮਨ ਹਠਿ ਮਿਲਿਅਉ ਨ ਕੋਇ॥	ਮਿਲਿ-ਅਉ। ਹਠਿ: ਪੋਲਾ ਬੋਲੋ	Anik Bhaekh Ar N(g)iaan Dhhiaan Manehath Miliao N Koe ||	By all sorts of religious robes, knowledge, meditation and stubborn-mindedness, no one has ever met God.	ਅਨੇਕਾਂ ਧਾਰਮਿਕ ਭੇਖ ਕੀਤਿਆਂ, ਧਰਮ-ਚਰਚਾ ਕਰਨ ਨਾਲ, ਮਨ ਦੇ ਹਠ ਨਾਲ ਸਮਾਧੀਆਂ ਲਾਇਆਂ ਕੋਈ ਮਨੁੱਖ ਪਰਮਾਤਮਾ ਨੂੰ ਨਹੀਂ ਮਿਲ ਸਕਦਾ।
10965	251	ਕਹੁ ਨਾਨਕ ਕਿਰਪਾ ਭਈ ਭਗਤੁ ਙਿਆਨੀ ਸੋਇ॥੧॥		Kahu Naanak Kirapaa Bhee Bhagath N(g)iaanee Soe ||1||	Says Nanak, those upon whom God showers His Mercy, are devotees of spiritual wisdom. ||1||	ਨਾਨਕ ਆਖਦਾ ਹੈ- ਜਿਸ ਤੇ ਪ੍ਰਭੂ ਦੀ ਮਿਹਰ ਹੋਵੇ, ਉਹੀ ਭਗਤ ਬਣ ਸਕਦਾ ਹੈ, ਉਹੀ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਸਕਦਾ ਹੈ ॥੧॥
10966	251	ਪਉੜੀ॥		Pourree ||	Pauree:	ਪਉੜੀ
10967	251	ਙੰङਾ ङਿਆਨੁ ਨਹੀ ਮੁਖ ਬਾਤਉ॥		N(g)ann(g)aa N(g)iaan Nehee Mukh Baatho ||	NGANGA: Spiritual wisdom is not obtained by mere words of mouth.	ਨਿਰੀਆਂ ਮੂੰਹ ਦੀਆਂ ਗੱਲਾਂ ਨਾਲ,
10968	251	ਅਨਿਕ ਜੁਗਤਿ ਸਾਸਤ੍ਰ ਕਰਿ ਭਾਤਉ॥	(ਭਾਤਉ) ਭਾਂਤ ਭਾਂਤ	Anik Jugath Saasathr Kar Bhaatho ||	It is not obtained through the various debates of the Shaastras and scriptures.	ਸ਼ਾਸਤਰਾਂ ਦੀਆਂ ਅਨੇਕ ਕਿਸਮ ਦੀਆਂ ਜੁਗਤੀਆਂ ਵਰਤਿਆਂ ਪਰਮਾਤਮਾ ਨਾਲ ਜਾਣ-ਪਛਾਣ ਨਹੀਂ ਹੋ ਸਕਦੀ।

10969	251	ਗਿਆਨੀ ਸੋਇ ਜਾ ਕੈ ਦ੍ਰਿੜ ਸੋਊ॥		N(g)iaanee Soe Jaa Kai Dhrirr Sooo ||	They alone are spiritually wise, whose minds are firmly fixed on the Lord.	ਪਰਮਾਤਮਾ ਨਾਲ ਉਹੀ ਜਾਣ-ਪਛਾਣ ਪਾਣ ਵਾਲਾ ਹੁੰਦਾ ਹੈ, ਜਿਸ ਦੇ ਹਿਰਦੇ ਵਿਚ ਪ੍ਰਭੂ ਦਾ ਪੱਕਾ ਨਿਵਾਸ ਬਣੇ।
10970	251	ਕਹਤ ਸੁਨਤ ਕਛੁ ਜੋਗੁ ਨ ਹੋਊ॥	(ਜੋਗੁ) ਜੁੜਨਾ	Kehath Sunath Kashh Jog N Hooo ||	Hearing and telling stories, no one attains Yoga.	ਨਿਰਾ ਪ੍ਰਭੂ-ਮਿਲਾਪ ਦੀਆਂ ਗੱਲਾਂ ਆਖਣ ਸੁਣਨ ਨਾਲ ਪ੍ਰਭੂ-ਮਿਲਾਪ ਨਹੀਂ ਹੋ ਸਕਦਾ।
10971	251	ਗਿਆਨੀ ਰਹਤ ਆਗਿਆ ਦ੍ਰਿੜੁ ਜਾ ਕੈ॥		N(g)iaanee Rehath Aagiaa Dhrirr Jaa Kai ||	They alone are spiritually wise, who remain firmly committed to the Lord's Command.	ਜਿਸ ਦੇ ਹਿਰਦੇ ਵਿਚ ਪਰਮਾਤਮਾ ਦੀ ਰਜ਼ਾ ਪੱਕੀ ਟਿਕੀ ਰਹੇ, ਉਹੀ ਅਸਲ ਗਿਆਨੀ ਹੈ।
10972	251	ਉਸਨ ਸੀਤ ਸਮਸਰਿ ਸਭ ਤਾ ਕੈ॥	(ਉਸਨ) ਗਰਮੀ। (ਸੀਤ) ਠੰਢ। (ਸਮਸਰਿ) ਬਰਾਬਰ	Ousan Seeth Samasar Sabh Thaa Kai ||	Heat and cold are all the same to them.	ਉਸ ਨੂੰ ਸਾਰਾ ਦੁਖ-ਸੁਖ ਇਕ-ਸਮਾਨ ਪ੍ਰਤੀਤ ਹੁੰਦਾ ਹੈ।
10973	251	ਗਿਆਨੀ ਤਤੁ ਗੁਰਮੁਖਿ ਬੀਚਾਰੀ॥	(ਤਤੁ) ਮੂਲ ਵਾਹਿਗੁਰੂ ਜੀ	N(g)iaanee Thath Guramukh Beechaaree ||	The true people of spiritual wisdom are the Gurmukhs, who contemplate the essence of reality;	ਜੇਹੜਾ ਗੁਰੂ ਦੀ ਰਾਹੀਂ ਜਗਤ-ਦੇ-ਮੂਲ ਪ੍ਰਭੂ ਦੇ ਗੁਣਾਂ ਦਾ ਵਿਚਾਰਵਾਨ ਬਣ ਜਾਵੇ,
10974	251	ਨਾਨਕ ਜਾ ਕਉ ਕਿਰਪਾ ਧਾਰੀ॥੫॥		Naanak Jaa Ko Kirapaa Dhhaaree ||5||	O Nanak, the Lord showers His Mercy upon them. ||5||	ਹੇ ਨਾਨਕ! ਜਿਸ ਮਨੁੱਖ ਉਤੇ ਪ੍ਰਭੂ ਕਿਰਪਾ ਕਰੇ, ਉਸ ਦੀ ਸਾਂਝ ਪਰਮਾਤਮਾ ਨਾਲ ਬਣਦੀ ਹੈ ॥੫॥
10975	251	ਸਲੋਕੁ॥		Salok ||	Shalok:	

10976	251	ਆਵਨ ਆਏ ਸ੍ਰਿਸਟਿ ਮਹਿ ਬਿਨੁ ਬੂਝੇ ਪਸੁ ਢੋਰ॥	(ਢੋਰ) ਡੰਗਰ। ਬੂੱਝੇ	Aavan Aaeae Srisatt Mehi Bin Boojhae Pas Dtor ||	Those who have come into the world without understanding are like animals and beasts.	ਜਗਤ ਵਿਚ ਉਹਨਾਂ ਬੰਦਿਆਂ ਨੇ ਸਿਰਫ਼ ਕਹਣ-ਮਾਤ੍ਰ ਹੀ ਮਨੁੱਖਾ ਜਨਮ ਲਿਆ, ਪਰ ਜੀਵਨ ਦਾ ਸਹੀ ਰਸਤਾ ਸਮਝਣ ਤੋਂ ਬਿਨਾ ਉਹ ਪਸ਼ੂ ਡੰਗਰ ਹੀ ਰਹੇ (ਪਸ਼ੂਆਂ ਵਾਲੀ ਜ਼ਿੰਦਗੀ ਹੀ ਗੁਜ਼ਾਰਦੇ ਰਹੇ)।
10977	251	ਨਾਨਕ ਗੁਰਮੁਖਿ ਸੋ ਬੁਝੈ ਜਾ ਕੈ ਭਾਗ ਮਥੋਰ॥੧॥	(ਮੱਥੋਰ) ਮੱਥੇ ਤੇ। ਬੁੱਝੈ	Naanak Guramukh So Bujhai Jaa Kai Bhaag Mathhor ||1||	O Nanak, those who become Gurmukh understand; upon their foreheads is such pre-ordained destiny. ||1||	ਹੇ ਨਾਨਕ! ਉਹ ਮਨੁੱਖ ਗੁਰੂ ਦੀ ਰਾਹੀਂ ਜੀਵਨ ਦਾ ਸਹੀ ਰਸਤਾ ਸਮਝਦਾ ਹੈ, ਜਿਸ ਦੇ ਮੱਥੇ ਉਤੇ (ਪੂਰਬਲੇ ਕਰਮਾਂ ਦੇ ਚੰਗੇ ਕਰਮਾਂ ਦੇ) ਭਾਗ ਜਾਗ ਪੈਣ ॥੧॥
10978	251	ਪਉੜੀ॥		Pourree ||	Pauree:	ਪਉੜੀ
10979	251	ਯਾ ਜੁਗ ਮਹਿ ਏਕਹਿ ਕਉ ਆਇਆ॥		Yaa Jug Mehi Eaekehi Ko Aaeiaa ||	They have come into this world to meditate on the One Lord.	ਮਨੁੱਖ ਇਸ ਜਨਮ ਵਿਚ ਸਿਰਫ਼ ਪਰਮਾਤਮਾ ਦਾ ਸਿਮਰਨ ਕਰਨ ਲਈ ਜਨਮਿਆ ਹੈ,
10980	251	ਜਨਮਤ ਮੋਹਿਓ ਮੋਹਨੀ ਮਾਇਆ॥		Janamath Mohiou Mohanee Maaeiaa ||	But ever since their birth, they have been enticed by the fascination of Maya.	ਪਰ ਜੰਮਦਿਆਂ ਹੀ ਇਸ ਨੂੰ ਠਗਣੀ ਮਾਇਆ ਠੱਗ ਲੈਂਦੀ ਹੈ।
10981	251	ਗਰਭ ਕੁੰਟ ਮਹਿ ਉਰਧ ਤਪ ਕਰਤੇ॥	(ਗਰਭ)ਪੇਟ। (ਕੁੰਟ) ਕੁੰਡ। (ਉਰਧ) ਉਲਟੇ ਲਮਕਕੇ	Garabh Kuntt Mehi Ouradhh Thap Karathae ||	Upside-down in the chamber of the womb, they performed intense meditation.	(ਇਹ ਆਮ ਪਰਚਲਤ ਖ਼ਿਆਲ ਹੈ ਕਿ) ਜੀਵ ਮਾਂ ਦੇ ਪੇਟ ਵਿਚ ਪੁੱਠੇ ਲਟਕੇ ਹੋਏ ਪਰਮਾਤਮਾ ਦਾ ਭਜਨ ਕਰਦੇ ਹਨ,

10982	251	ਸਾਸਿ ਸਾਸਿ ਸਿਮਰਤ ਪ੍ਰਭੁ ਰਹਤੇ॥		Saas Saas Simarath Prabh Rehathae ||	They remembered God in meditation with each and every breath.	ਉਥੇ ਸੁਆਸ ਸੁਆਸ ਪ੍ਰਭੂ ਨੂੰ ਸਿਮਰਦੇ ਰਹਿੰਦੇ ਹਨ।
10983	251	ਉਰਝਿ ਪਰੇ ਜੋ ਛੋਡਿ ਛਡਾਨਾ॥		Ourajh Parae Jo Shhodd Shhaddaanaa ||	But now, they are entangled in things which they must leave behind.	(ਪਰ ਪ੍ਰਭੂ ਦੀ ਅਜਬ ਮਾਇਆ ਹੈ ਕਿ) ਜਿਸ ਮਾਇਆ ਨੂੰ ਜ਼ਰੂਰ ਛੱਡ ਜਾਣਾ ਹੈ, ਉਸ ਵਿਚ ਸਾਰੀ ਜ਼ਿੰਦਗੀ ਫਸੇ ਰਹਿੰਦੇ ਹਨ,
10984	251	ਦੇਵਨਹਾਰੁ ਮਨਹਿ ਬਿਸਰਾਨਾ॥		Dhaevanehaar Manehi Bisaraanaa ||	They forget the Great Giver from their minds.	ਜੋ ਪ੍ਰਭੂ ਸਾਰੇ ਪਦਾਰਥ ਦੇਣ ਵਾਲਾ ਹੈ ਉਸ ਨੂੰ ਮਨ ਤੋਂ ਭੁਲਾ ਦੇਂਦੇ ਹਨ।
10985	251	ਧਾਰਹੁ ਕਿਰਪਾ ਜਿਸਹਿ ਗੁਸਾਈ॥	ਗੁਸਾਂਈਂ	Dhhaarahu Kirapaa Jisehi Gusaaee ||	O Nanak, those upon whom the Lord showers	ਹੇ ਮਾਲਕ ਪ੍ਰਭੂ! ਜਿਸ ਮਨੁੱਖ ਉਤੇ ਤੂੰ ਕਿਰਪਾ ਕਰਦਾ ਹੈਂ,
10986	251	ਇਤ ਉਤ ਨਾਨਕ ਤਿਸੁ ਬਿਸਰਹੁ ਨਾਹੀ॥੬॥		Eith Outh Naanak This Bisarahu Naahee ||6||	His Mercy, do not forget Him, here or hereafter. ||6||	ਹੇ ਨਾਨਕ! (ਆਖ-) ਉਸ ਦੇ ਮਨੋਂ ਤੂੰ ਲੋਕ ਪਰਲੋਕ ਵਿਚ ਕਦੇ ਨਹੀਂ ਵਿਸਰਦਾ ॥੬॥
10987	251	ਸਲੋਕੁ॥		Salok ||	Shalok:	
10988	251	ਆਵਤ ਹੁਕਮਿ ਬਿਨਾਸ ਹੁਕਮਿ ਆਗਿਆ ਭਿੰਨ ਨ ਕੋਇ॥		Aavath Hukam Binaas Hukam Aagiaa Bhinn N Koe ||	By His Command, we come, and by His Command, we go; no one is beyond His Command.	ਜੀਵ ਪ੍ਰਭੂ ਦੇ ਹੁਕਮ ਵਿਚ ਜੰਮਦਾ ਹੈ, ਹੁਕਮ ਵਿਚ ਹੀ ਮਰਦਾ ਹੈ। ਕੋਈ ਜੀਵ ਪ੍ਰਭੂ ਦੇ ਹੁਕਮ ਤੋਂ ਆਕੀ ਨਹੀਂ ਹੋ ਸਕਦਾ।

10989	251	ਆਵਨ ਜਾਨਾ ਤਿਹ ਮਿਟੈ ਨਾਨਕ ਜਿਹ ਮਨਿ ਸੋਇ॥੧॥		Aavan Jaanaa Thih Mittai Naanak Jih Man Soe ||1||	Coming and going in reincarnation is ended, O Nanak, for those whose minds are filled with the Lord. ||1||	ਹੇ ਨਾਨਕ! (ਸਿਰਫ਼) ਉਸ ਜੀਵ ਦਾ ਜਨਮ ਮਰਨ (ਦਾ ਗੇੜ) ਮੁੱਕਦਾ ਹੈ ਜਿਸ ਦੇ ਮਨ ਵਿਚ ਉਹ (ਹੁਕਮ ਦਾ ਮਾਲਕ ਪ੍ਰਭੂ) ਵੱਸਦਾ ਹੈ ॥੧॥
10990	251	ਪਉੜੀ॥		Pourree ||	Pauree:	ਪਉੜੀ
10991	251	ਏਊ ਜੀਅ ਬਹੁਤੁ ਗ੍ਰਭ ਵਾਸੇ॥		Eaeoo Jeea Bahuth Grabh Vaasae ||	This soul has lived in many wombs.	ਇਹ ਜੀਵ ਅਨੇਕਾਂ ਜੂਨਾਂ ਵਿਚ ਵਾਸ ਲੈਂਦੇ ਹਨ,
10992	251	ਮੋਹ ਮਗਨ ਮੀਠ ਜੋਨਿ ਫਾਸੇ॥		Moh Magan Meeth Jon Faasae ||	Enticed by sweet attachment, it has been trapped in reincarnation.	ਮਿੱਠੇ ਮੋਹ ਵਿਚ ਮਸਤ ਹੋ ਕੇ ਜੂਨਾਂ ਦੇ ਗੇੜ ਵਿਚ ਫਸ ਜਾਂਦੇ ਹਨ।
10993	251	ਇਨਿ ਮਾਇਆ ਤ੍ਰੈ ਗੁਣ ਬਸਿ ਕੀਨੇ॥		Ein Maaeiaa Thrai Gun Bas Keenae ||	This Maya has subjugated beings through the three qualities.	ਇਸ ਮਾਇਆ ਨੇ (ਜੀਵਾਂ ਨੂੰ ਆਪਣੇ) ਤਿੰਨ ਗੁਣਾਂ ਦੇ ਵੱਸ ਵਿਚ ਕਰ ਰੱਖਿਆ ਹੈ।
10994	251	ਆਪਨ ਮੋਹ ਘਟੇ ਘਟਿ ਦੀਨੇ॥		Aapan Moh Ghattae Ghatt Dheenae ||	Maya has infused attachment to itself in each and every heart.	ਹਰੇਕ ਜੀਵ ਦੇ ਹਿਰਦੇ ਵਿਚ ਇਸ ਨੇ ਆਪਣਾ ਮੋਹ ਟਿਕਾ ਦਿੱਤਾ ਹੈ।
10995	251	ਏ ਸਾਜਨ ਕਛੁ ਕਹਹੁ ਉਪਾਇਆ॥		Eae Saajan Kashh Kehahu Oupaaeiaa ||	O friend, tell me some way,	ਹੇ ਸੱਜਣ! ਕੋਈ ਐਸਾ ਇਲਾਜ ਦੱਸ,

10996	251	ਜਾ ਤੇ ਤਰਉ ਬਿਖਮ ਇਹ ਮਾਇਆ॥		Jaa Thae Tharo Bikham Eih Maaeiaa ||	By which I may swim across this treacherous ocean of Maya.	ਜਿਸ ਨਾਲ ਮੈਂ ਇਸ ਔਖੀ ਮਾਇਆ (ਦੇ ਮੋਹ-ਰੂਪ ਸਮੁੰਦਰ) ਵਿਚੋਂ ਪਾਰ ਲੰਘ ਸਕਾਂ।
10997	251	ਕਰਿ ਕਿਰਪਾ ਸਤਸੰਗਿ ਮਿਲਾਏ॥		Kar Kirapaa Sathasang Milaaeae ||	The Lord showers His Mercy, and leads us to join the Sat Sangat, the True Congregation.	ਪ੍ਰਭੂ ਆਪਣੀ ਮਿਹਰ ਕਰ ਕੇ ਜਿਸ ਜੀਵ ਨੂੰ ਸਤਸੰਗ ਵਿਚ ਮਿਲਾਂਦਾ ਹੈ,
10998	251	ਨਾਨਕ ਤਾ ਕੈ ਨਿਕਟਿ ਨ ਮਾਏ॥੭॥		Naanak Thaa Kai Nikatt N Maaeae ||7||	O Nanak, Maya does not even come near. ||7||	ਹੇ ਨਾਨਕ! (ਆਖ-) ਮਾਇਆ ਉਸ ਦੇ ਨੇੜੇ ਨਹੀਂ (ਢੁਕ ਸਕਦੀ) ॥੭॥
10999	251	ਸਲੋਕੁ॥		Salok ||	Shalok:	
11000	251	ਕਿਰਤ ਕਮਾਵਨ ਸੁਭ ਅਸੁਭ ਕੀਨੇ ਤਿਨਿ ਪ੍ਰਭਿ ਆਪਿ॥		Kirath Kamaavan Subh Asubh Keenae Thin Prabh Aap ||	God Himself causes one to perform good and bad actions.	(ਹਰੇਕ ਜੀਵ ਵਿਚ ਬੈਠ ਕੇ) ਸਭ ਚੰਗੇ ਮੰਦੇ ਕੰਮ ਉਹ ਪ੍ਰਭੂ ਆਪ ਕਰ ਰਿਹਾ ਹੈ (ਪ੍ਰਭੂ ਨੇ ਆਪ ਕੀਤੇ ਹਨ)।
11001	251	ਪਸੁ ਆਪਨ ਹਉ ਹਉ ਕਰੈ ਨਾਨਕ ਬਿਨੁ ਹਰਿ ਕਹਾ ਕਮਾਤਿ॥੧॥	ਪਸੁ: ਪੋਲਾ ਬੋਲੋ	Pas Aapan Ho Ho Karai Naanak Bin Har Kehaa Kamaath ||1||	The beast indulges in egotism, selfishness and conceit; O Nanak, without the Lord, what can anyone do? ||1||	ਪਰ ਹੇ ਨਾਨਕ! ਮੂਰਖ ਮਨੁੱਖ ਮਾਣ ਕਰਦਾ ਹੈ ਕਿ ਮੈਂ ਕਰਦਾ ਹਾਂ। ਪ੍ਰਭੂ ਦੀ ਪ੍ਰੇਰਨਾ ਤੋਂ ਬਿਨਾ ਜੀਵ ਕੁਝ ਨਹੀਂ ਕਰ ਸਕਦਾ ॥੧॥
11002	251	ਪਉੜੀ॥		Pourree ||	Pauree:	ਪਉੜੀ

11003	251	ਏਕਹਿ ਆਪਿ ਕਰਾਵਨਹਾਰਾ॥		Eaekehi Aap Karaavanehaaraa ||	The One Lord Himself is the Cause of all actions.	(ਜੀਵਾਂ ਪਾਸੋਂ ਚੰਗੇ ਮੰਦੇ ਕੰਮ) ਕਰਾਵਣ ਵਾਲਾ ਪ੍ਰਭੂ ਸਿਰਫ਼ ਆਪ ਹੀ ਹੈ,
11004	251	ਆਪਹਿ ਪਾਪ ਪੁੰਨ ਬਿਸਥਾਰਾ॥		Aapehi Paap Punn Bisathhaaraa ||	He Himself distributes sins and noble acts.	ਉਸ ਨੇ ਆਪ ਹੀ ਚੰਗੇ ਮੰਦੇ ਕੰਮਾਂ ਦਾ ਖਿਲਾਰਾ ਖਿਲਾਰਿਆ ਹੋਇਆ ਹੈ।
11005	251	ਇਆ ਜੁਗ ਜਿਤੁ ਜਿਤੁ ਆਪਹਿ ਲਾਇਓ॥		Eiaa Jug Jith Jith Aapehi Laaeiou ||	In this age, people are attached as the Lord attaches them.	ਇਸ ਮਨੁੱਖਾ ਜਨਮ ਵਿਚ (ਭਾਵ, ਜਨਮ ਦੇ ਕੇ) ਜਿਸ ਜਿਸ ਪਾਸੇ ਪ੍ਰਭੂ ਆਪ ਲਾਂਦਾ ਹੈ (ਉਧਰ ਹੀ ਜੀਵ ਲੱਗਦੇ ਹਨ),
11006	251	ਸੋ ਸੋ ਪਾਇਓ ਜੁ ਆਪਿ ਦਿਵਾਇਓ॥		So So Paaeiou J Aap Dhivaaeiou ||	They receive that which the Lord Himself gives.	ਜੇਹੜੀ (ਮਤਿ) ਪ੍ਰਭੂ ਆਪ ਜੀਵਾਂ ਨੂੰ ਦੇਂਦਾ ਹੈ, ਉਹੀ ਉਹ ਗ੍ਰਹਣ ਕਰਦੇ ਹਨ।
11007	251	ਉਆ ਕਾ ਅੰਤੁ ਨ ਜਾਨੈ ਕੋਊ॥		Ouaa Kaa Anth N Jaanai Kooo ||	No one knows His limits.	ਉਸ ਪ੍ਰਭੂ ਦੇ ਗੁਣਾਂ ਦਾ ਕੋਈ ਜੀਵ ਅੰਤ ਨਹੀਂ ਜਾਣ ਸਕਦਾ,
11008	251	ਜੋ ਜੋ ਕਰੈ ਸੋਊ ਫੁਨਿ ਹੋਊ॥		Jo Jo Karai Sooo Fun Hooo ||	Whatever He does, comes to pass.	(ਜਗਤ ਵਿਚ) ਉਹੀ ਕੁਝ ਹੋ ਰਿਹਾ ਹੈ ਜੋ ਪ੍ਰਭੂ ਆਪ ਕਰਦਾ ਹੈ।
11009	251	ਏਕਹਿ ਤੇ ਸਗਲਾ ਬਿਸਥਾਰਾ॥		Eaekehi Thae Sagalaa Bisathhaaraa ||	From the One, the entire expanse of the Universe emanated.	ਇਹ ਸਾਰਾ ਜਗਤ-ਖਿਲਾਰਾ ਪ੍ਰਭੂ ਤੋਂ ਹੀ ਖਿਲਰਿਆ ਹੈ,
11010	251	ਨਾਨਕ ਆਪਿ ਸਵਾਰਨਹਾਰਾ॥੮॥		Naanak Aap Savaaranehaaraa ||8||	O Nanak, He Himself is our Saving Grace. ||8||	ਹੇ ਨਾਨਕ! ਉਹ ਆਪ ਹੀ ਜੀਵਾਂ ਨੂੰ ਸਿੱਧੇ ਰਾਹੇ ਪਾਣ ਵਾਲਾ ਹੈ ॥੮॥
11011	251	ਸਲੋਕੁ॥		Salok ||	Shalok:	

11012	251	ਰਾਚਿ ਰਹੇ ਬਨਿਤਾ ਬਿਨੋਦ ਕੁਸਮ ਰੰਗ ਬਿਖ ਸੋਰ॥	(ਬਨਿ–ਤਾ) ਇਸਤ੍ਰੀ। (ਬਿਨੋਦ) ਚੋਜ ਤਮਾਸ਼ੇ। (ਬਿਖ) ਵਿਸ਼ਿਆਂ ਦਾ। (ਸੋਰ) ਰੌਲ਼ਾ	Raach Rehae Banithaa Binodh Kusam Rang Bikh Sor ||	Man remains engrossed in women and playful pleasures; the tumult of his passion is like the dye of the safflower, which fades away all too soon.	(ਅਸੀਂ ਜੀਵ) ਇਸਤ੍ਰੀ ਆਦਿਕ ਦੇ ਰੰਗ-ਤਮਾਸ਼ਿਆਂ ਵਿਚ ਮਸਤ ਹੋ ਰਹੇ ਹਾਂ, ਪਰ ਇਹ ਮਾਇਆ ਦੀ ਫੂੰ-ਫਾਂ ਕਸੁੰਭੇ ਦੇ ਰੰਗ (ਵਾਂਗ ਖਿਨ-ਭੰਗਰ ਹੀ ਹੈ)।
11013	251	ਨਾਨਕ ਤਿਹ ਸਰਨੀ ਪਰਉ ਬਿਨਸਿ ਜਾਇ ਮੈ ਮੋਰ॥੧॥		Naanak Thih Saranee Paro Binas Jaae Mai Mor ||1||	O Nanak, seek God's Sanctuary, and your selfishness and conceit shall be taken away. ||1||	ਹੇ ਨਾਨਕ! (ਆਖ-) ਮੈਂ ਤਾਂ ਉਸ ਪ੍ਰਭੂ ਦੀ ਸਰਨ ਪੈਂਦਾ ਹਾਂ (ਜਿਸ ਦੀ ਮਿਹਰ ਨਾਲ) ਹਉਮੈ ਤੇ ਮਮਤਾ ਦੂਰ ਹੋ ਜਾਂਦੀ ਹੈ ॥੧॥
11014	252	ਪਉੜੀ॥		Pourree ||	Pauree:	ਪਉੜੀ
11015	252	ਰੇ ਮਨ ਬਿਨੁ ਹਰਿ ਜਹ ਰਚਹੁ ਤਹ ਤਹ ਬੰਧਨ ਪਾਹਿ॥		Rae Man Bin Har Jeh Rachahu Theh Theh Bandhhan Paahi ||	O mind: without the Lord, whatever you are involved in shall bind you in chains.	ਹੇ ਮੇਰੇ ਮਨ! ਪ੍ਰਭੂ ਤੋਂ ਬਿਨਾ ਹੋਰ ਜਿਥੇ ਜਿਥੇ ਪ੍ਰੇਮ ਪਾਏਂਗਾ, ਉਥੇ ਉਥੇ ਮਾਇਆ ਦੇ ਬੰਧਨ ਪੈਣਗੇ।
11016	252	ਜਿਹ ਬਿਧਿ ਕਤਹੂ ਨ ਛੂਟੀਐ ਸਾਕਤ ਤੇਊ ਕਮਾਹਿ॥	ਬਿਧਿ	Jih Bidhh Kathehoo N Shhootteeai Saakath Thaeoo Kamaahi ||	The faithless cynic does those deeds which will never allow him to be emancipated.	ਹਰੀ ਤੋਂ ਵਿੱਛੁੜੇ ਬੰਦੇ ਉਹੀ ਕੰਮ ਕਰਦੇ ਹਨ ਕਿ ਉਸ ਤਰੀਕੇ ਨਾਲ ਕਿਤੇ ਭੀ ਇਹਨਾਂ ਬੰਧਨਾਂ ਤੋਂ ਖ਼ਲਾਸੀ ਨਾਹ ਹੋ ਸਕੇ।

11017	252	ਹਉ ਹਉ ਕਰਤੇ ਕਰਮ ਰਤ ਤਾ ਕੋ ਭਾਰੁ ਅਫਾਰ॥	(ਅਫਾਰ) ਬਹੁਤ। ਰਤ: ਪੋਲਾ ਬੋਲੋ। (ਦੂਜਾ ਪਾਠ: ਕਰ ਮਰਤ)	Ho Ho Karathae Karam Rath Thaa Ko Bhaar Afaar ||	Acting in egotism, selfishness and conceit, the lovers of rituals carry the unbearable load.	(ਤੀਰਥ, ਦਾਨ ਆਦਿਕ) ਕਰਮਾਂ ਦੇ ਪ੍ਰੇਮੀ (ਇਹ ਕਰਮ ਕਰ ਕੇ, ਇਹਨਾਂ ਦੇ ਕੀਤੇ ਦਾ) ਮਾਣ ਕਰਦੇ ਫਿਰਦੇ ਹਨ, ਇਸ ਹਉਮੈ ਦਾ ਭਾਰ ਭੀ ਅਸਹਿ ਹੁੰਦਾ ਹੈ,
11018	252	ਪ੍ਰੀਤਿ ਨਹੀ ਜਉ ਨਾਮ ਸਿਉ ਤਉ ਏਊ ਕਰਮ ਬਿਕਾਰ॥		Preeth Nehee Jo Naam Sio Tho Eaeoo Karam Bikaar ||	When there is no love for the Naam, then these rituals are corrupt.	ਜੇ ਪ੍ਰਭੂ ਦੇ ਨਾਮ ਨਾਲ ਪਿਆਰ ਨਹੀਂ ਬਣਿਆ, ਤਾਂ ਇਹ ਕਰਮ ਵਿਕਾਰ-ਰੂਪ ਹੋ ਜਾਂਦੇ ਹਨ।
11019	252	ਬਾਧੇ ਜਮ ਕੀ ਜੇਵਰੀ ਮੀਠੀ ਮਾਇਆ ਰੰਗ॥		Baadhhae Jam Kee Jaevaree Meethee Maaeiaa Rang ||	The rope of death binds those who are in love with the sweet taste of Maya.	ਮਿੱਠੀ ਮਾਇਆ ਦੇ ਕੌਤਕਾਂ ਵਿਚ (ਫਸ ਕੇ ਜੀਵ) ਜਮ ਦੀ ਫਾਹੀ ਵਿਚ ਬੱਝ ਜਾਂਦੇ ਹਨ।
11020	252	ਭ੍ਰਮ ਕੇ ਮੋਹੇ ਨਹ ਬੁਝਹਿ ਸੋ ਪ੍ਰਭੁ ਸਦਹੂ ਸੰਗ॥	ਬੁੱਝ-ਹਿ। ਸਦ-ਹੂ: ਪੋਲਾ ਬੋਲੋ	Bhram Kae Mohae Neh Bujhehi So Prabh Sadhehoo Sang ||	Deluded by doubt, they do not understand that God is always with them.	ਭਟਕਣਾ ਵਿਚ ਫਸੇ ਹੋਇਆਂ ਨੂੰ ਇਹ ਸਮਝ ਨਹੀਂ ਆਉਂਦੀ ਕਿ ਪ੍ਰਭੂ ਸਦਾ ਸਾਡੇ ਨਾਲ ਹੈ।
11021	252	ਲੇਖੈ ਗਣਤ ਨ ਛੂਟੀਐ ਕਾਚੀ ਭੀਤਿ ਨ ਸੁਧਿ॥	(ਭੀਤਿ) ਕੰਧ। (ਸੁਧਿ) ਸ਼ੁੱਧ	Laekhai Ganath N Shhootteeai Kaachee Bheeth N Sudhh ||	When their accounts are called for, they shall not be released; their wall of mud cannot be washed clean.	(ਅਸੀਂ ਜੀਵ ਇਤਨੇ ਮਾਇਆ-ਗ੍ਰਸੇ ਹਾਂ ਕਿ ਸਾਡੇ ਕੀਤੇ ਕੁਕਰਮਾਂ ਦਾ) ਲੇਖਾ ਕੀਤਿਆਂ ਸਾਡੀ ਬਰੀਅਤ ਨਹੀਂ ਹੋ ਸਕਦੀ, (ਪਾਣੀ ਨਾਲ ਧੋਤਿਆਂ) ਗਾਰੇ ਦੀ ਕੰਧ ਦੀ ਸਫ਼ਾਈ ਨਹੀਂ ਹੋ ਸਕਦੀ (ਹੋਰ ਹੋਰ ਗਾਰਾ ਬਣਦਾ ਜਾਇਗਾ)।

11022	252	ਜਿਸਹਿ ਬੁਝਾਏ ਨਾਨਕਾ ਤਿਹ ਗੁਰਮੁਖਿ ਨਿਰਮਲ ਬੁਧਿ॥੯॥	ਬੁੱਝਾਏ	Jisehi Bujhaaeae Naanakaa Thih Guramukh Niramal Budhh ||9||	One who is made to understand - O Nanak, that Gurmukh obtains immaculate understanding. ||9||	ਹੇ ਨਾਨਕ! (ਆਖ-) ਪ੍ਰਭੂ ਆਪ ਜਿਸ ਮਨੁੱਖ ਨੂੰ ਸੂਝ ਬਖ਼ਸ਼ਦਾ ਹੈ, ਗੁਰੂ ਦੀ ਸਰਨ ਪੈ ਕੇ ਉਸ ਦੀ ਬੁੱਧੀ ਪਵਿਤ੍ਰ ਹੋ ਜਾਂਦੀ ਹੈ ॥੯॥
11023	252	ਸਲੋਕੁ॥		Salok ||	Shalok:	
11024	252	ਟੂਟੇ ਬੰਧਨ ਜਾਸੁ ਕੇ ਹੋਆ ਸਾਧੂਸੰਗੁ॥		Ttoottae Bandhhan Jaas Kae Hoaa Saadhhoo Sang ||	One whose bonds are cut away joins the Saadh Sangat, the Company of the Holy.	ਜਿਸ ਮਨੁੱਖ ਦੇ ਮਾਇਆ ਦੇ ਬੰਧਨ ਟੁੱਟਣ ਤੇ ਆਉਂਦੇ ਹਨ, ਉਸ ਨੂੰ ਗੁਰੂ ਦੀ ਸੰਗਤਿ ਪ੍ਰਾਪਤ ਹੁੰਦੀ ਹੈ।
11025	252	ਜੋ ਰਾਤੇ ਰੰਗ ਏਕ ਕੈ ਨਾਨਕ ਗੂੜਾ ਰੰਗੁ॥੧॥	ਗੂੜ੍ਹਾ	Jo Raathae Rang Eaek Kai Naanak Goorraa Rang ||1||	Those who are imbued with the Love of the One Lord, O Nanak, take on the deep and lasting color of His Love. ||1||	ਹੇ ਨਾਨਕ! (ਗੁਰੂ ਦੀ ਸੰਗਤਿ ਵਿਚ ਰਹਿ ਕੇ) ਜੋ ਇਕ ਪ੍ਰਭੂ ਦੇ ਪਿਆਰ-ਰੰਗ ਵਿਚ ਰੰਗੇ ਜਾਂਦੇ ਹਨ, ਉਹ ਰੰਗ ਐਸਾ ਗੂੜ੍ਹਾ ਹੁੰਦਾ ਹੈ (ਕਿ ਮਜੀਠ ਦੇ ਰੰਗ ਵਾਂਗ ਕਦੇ ਉਤਰਦਾ ਹੀ ਨਹੀਂ) ॥੧॥
11026	252	ਪਉੜੀ॥		Pourree ||	Pauree:	ਪਉੜੀ
11027	252	ਰਾਰਾ ਰੰਗਹੁ ਇਆ ਮਨੁ ਅਪਨਾ॥		Raaraa Rangahu Eiaa Man Apanaa ||	RARRA: Dye this heart of yours in the color of the Lord's Love.	(ਹੇ ਭਾਈ!) ਆਪਣੇ ਇਸ ਮਨ ਨੂੰ (ਪ੍ਰਭੂ-ਨਾਮ ਦੇ ਰੰਗ ਵਿਚ) ਰੰਗੋ!
11028	252	ਹਰਿ ਹਰਿ ਨਾਮੁ ਜਪਹੁ ਜਪੁ ਰਸਨਾ॥		Har Har Naam Japahu Jap Rasanaa ||	Meditate on the Name of the Lord, Har, Har - chant it with your tongue.	ਜੀਭ ਨਾਲ ਸਦਾ ਹਰੀ-ਨਾਮ ਦਾ ਜਾਪ ਜਪੋ।

11029	252	ਰੇ ਰੇ ਦਰਗਹ ਕਹੈ ਨ ਕੋਊ॥		Rae Rae Dharageh Kehai N Kooo ||	In the Court of the Lord, no one shall speak harshly to you.	(ਇਸ ਤਰ੍ਹਾਂ) ਪ੍ਰਭੂ ਦੀ ਹਜ਼ੂਰੀ ਵਿਚ ਤੁਹਾਨੂੰ ਕੋਈ ਅਨਾਦਰੀ ਦੇ ਬੋਲ ਨਹੀਂ ਬੋਲੇਗਾ,
11030	252	ਆਉ ਬੈਠੁ ਆਦਰੁ ਸੁਭ ਦੇਊ॥		Aao Baith Aadhar Subh Dhaeoo ||	Everyone shall welcome you, saying, ""Come, and sit down.""	(ਸਗੋਂ) ਚੰਗਾ ਆਦਰ ਮਿਲੇਗਾ (ਕਹਿਣਗੇ)-ਆਓ ਬੈਠੋ!
11031	252	ਉਆ ਮਹਲੀ ਪਾਵਹਿ ਤੂ ਬਾਸਾ॥		Ouaa Mehalee Paavehi Thoo Baasaa ||	In that Mansion of the Lord's Presence, you shall find a home.	(ਹੇ ਭਾਈ!) ਜੇ ਤੂੰ ਨਾਮ ਵਿਚ ਮਨ ਰੰਗ ਲਏ ਤਾਂ ਤੈਨੂੰ ਪ੍ਰਭੂ ਦੀ ਹਜ਼ੂਰੀ ਵਿਚ ਟਿਕਾਣਾ ਮਿਲ ਜਾਏਗਾ,
11032	252	ਜਨਮ ਮਰਨ ਨਹ ਹੋਇ ਬਿਨਾਸਾ॥	(ਬਿਨਾਸਾ) ਨਾਸ	Janam Maran Neh Hoe Binaasaa ||	There is no birth or death, or destruction there.	ਨਾਹ ਜਨਮ ਮਰਨ ਦਾ ਗੇੜ ਰਹਿ ਜਾਏਗਾ, ਤੇ ਨਾਹ ਹੀ ਕਦੇ ਆਤਮਕ ਮੌਤ ਹੋਵੇਗੀ।
11033	252	ਮਸਤਕਿ ਕਰਮੁ ਲਿਖਿਓ ਧੁਰਿ ਜਾ ਕੈ॥		Masathak Karam Likhiou Dhhur Jaa Kai ||	One who has such karma written on his forehead,	ਪਰ ਧੁਰੋਂ ਹੀ ਜਿਸ ਮਨੁੱਖ ਦੇ ਮੱਥੇ ਉਤੇ ਪ੍ਰਭੂ ਦੀ ਮਿਹਰ ਦਾ ਲੇਖ ਲਿਖਿਆ (ਉੱਘੜਦਾ) ਹੈ,
11034	252	ਹਰਿ ਸੰਪੈ ਨਾਨਕ ਘਰਿ ਤਾ ਕੈ॥੧੦॥		Har Sanpai Naanak Ghar Thaa Kai ||10||	O Nanak, has the wealth of the Lord in his home. ||10||	ਹੇ ਨਾਨਕ! ਉਸ ਦੇ ਹੀ ਹਿਰਦੇ-ਘਰ ਵਿਚ ਇਹ ਨਾਮ-ਧਨ ਇਕੱਠਾ ਹੁੰਦਾ ਹੈ ॥੧੦॥
11035	252	ਸਲੋਕੁ॥		Salok ||	Shalok:	

11036	252	ਲਾਲਚ ਝੂਠ ਬਿਕਾਰ ਮੋਹ ਬਿਆਪਤ ਮੂੜੇ ਅੰਧ॥		Laalach Jhooth Bikaar Moh Biaapath Moorrae Andhh ||	Greed, falsehood, corruption and emotional attachment entangle the blind and the foolish.	ਹੇ ਨਾਨਕ! ਜੋ ਮਨੁੱਖ ਮਾਇਆ ਦੇ ਮੋਹ ਦੇ ਬੰਧਨਾਂ ਵਿਚ ਫਸ ਜਾਂਦੇ ਹਨ,
11037	252	ਲਾਗਿ ਪਰੇ ਦੁਰਗੰਧ ਸਿਉ ਨਾਨਕ ਮਾਇਆ ਬੰਧ॥੧॥		Laag Parae Dhuragandhh Sio Naanak Maaeiaa Bandhh ||1||	Bound down by Maya, O Nanak, a foul odor clings to them. ||1||	ਉਹਨਾਂ ਗਿਆਨ-ਹੀਣ ਮੂਰਖਾਂ ਉਤੇ ਲਾਲਚ ਝੂਠ ਵਿਕਾਰ ਮੋਹ ਆਦਿਕ ਜ਼ੋਰ ਪਾ ਲੈਂਦੇ ਹਨ, ਤੇ ਉਹ ਮੰਦੇ ਕੰਮਾਂ ਵਿਚ ਲੱਗੇ ਰਹਿੰਦੇ ਹਨ ॥੧॥
11038	252	ਪਉੜੀ॥		Pourree ||	Pauree:	ਪਉੜੀ
11039	252	ਲਲਾ ਲਪਟਿ ਬਿਖੈ ਰਸ ਰਾਤੇ॥	ਰੱਾਤੇ	Lalaa Lapatt Bikhai Ras Raathae ||	LALLA: People are entangled in the love of corrupt pleasures;	ਜੇਹੜੇ ਮਨੁੱਖ ਮਾਇਆ ਦੇ ਨਸ਼ੇ ਵਿਚ ਮਸਤ ਰਹਿੰਦੇ ਹਨ,
11040	252	ਅਹੰਬੁਧਿ ਮਾਇਆ ਮਦ ਮਾਤੇ॥	(ਅਹੰ-ਬੁਧਿ) ਹਉਮੈ ਵਾਲੀ ਬੁੱਧੀ। (ਮੱਾਤੇ) ਮਸਤ।ਮਦ:ਪੋਲਾ ਬੋਲੋ	Ahanbudhh Maaeiaa Madh Maathae ||	They are drunk with the wine of egotistical intellect and Maya.	ਜਿਨ੍ਹਾਂ ਦੀ ਬੁਧਿ ਉਤੇ ਹਉਮੈ ਦਾ ਪਰਦਾ ਪੈ ਜਾਂਦਾ ਹੈ।
11041	252	ਇਆ ਮਾਇਆ ਮਹਿ ਜਨਮਹਿ ਮਰਨਾ॥		Eiaa Maaeiaa Mehi Janamehi Maranaa ||	In this Maya, they are born and die.	ਉਹ ਮਨੁੱਖ ਵਿਸ਼ਿਆਂ ਦੇ ਸੁਆਦਾਂ ਨਾਲ ਚੰਬੜੇ ਰਹਿੰਦੇ ਹਨ, ਤੇ ਇਸ ਮਾਇਆ ਵਿਚ ਫਸ ਕੇ ਜਨਮ ਮਰਨ (ਦੇ ਗੇੜ ਵਿਚ ਪੈ ਜਾਂਦੇ ਹਨ।)

11042	252	ਜਿਉ ਜਿਉ ਹੁਕਮੁ ਤਿਵੈ ਤਿਉ ਕਰਨਾ॥		Jio Jio Hukam Thivai Thio Karanaa ||	People act according to the Hukam of the Lord's Command.	(ਪਰ ਜੀਵ ਦੇ ਕੀਹ ਵੱਸ?) ਜਿਵੇਂ ਜਿਵੇਂ ਪ੍ਰਭੂ ਦੀ ਰਜ਼ਾ ਹੁੰਦੀ ਹੈ, ਤਿਵੇਂ ਤਿਵੇਂ ਹੀ ਜੀਵ ਕਰਮ ਕਰਦੇ ਹਨ।
11043	252	ਕੋਊ ਊਨ ਨ ਕੋਊ ਪੂਰਾ॥		Kooo Oon N Kooo Pooraa ||	No one is perfect, and no one is imperfect.	(ਆਪਣੀ ਚਤੁਰਾਈ ਨਾਲ) ਨਾਹ ਕੋਈ ਜੀਵ ਪੂਰਨ ਬਣ ਸਕਦਾ ਹੈ,
11044	252	ਕੋਊ ਸੁਘਰੁ ਨ ਕੋਊ ਮੂਰਾ॥	(ਸੁਘ-ਰੁ) ਸਿਆਣਾ। (ਮੂਰਾ) ਮੂਰਖ	Kooo Sughar N Kooo Mooraa ||	No one is wise, and no one is foolish.	ਨਾਹ ਕੋਈ ਕਮਜ਼ੋਰ ਰਹਿ ਜਾਂਦਾ ਹੈ, ਨਾਹ ਕੋਈ (ਆਪਣੇ ਬਲ ਆਸਰੇ) ਸਿਆਣਾ ਹੋ ਗਿਆ ਹੈ, ਨਾਹ ਕੋਈ ਮੂਰਖ ਰਹਿ ਗਿਆ ਹੈ।
11045	252	ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਨਾ॥		Jith Jith Laavahu Thith Thith Laganaa ||	Wherever the Lord engages someone, there he is engaged.	ਹੇ ਪ੍ਰਭੂ! ਜਿਸ ਜਿਸ ਪਾਸੇ ਤੂੰ ਜੀਵਾਂ ਨੂੰ ਪ੍ਰੇਰਦਾ ਹੈਂ, ਉਧਰ ਉਧਰ ਹੀ ਇਹ ਲੱਗ ਪੈਂਦੇ ਹਨ।
11046	252	ਨਾਨਕ ਠਾਕੁਰ ਸਦਾ ਅਲਿਪਨਾ॥੧੧॥	(ਅ-ਲਿਪਨਾ) ਨਿਰਲੇਪ	Naanak Thaakur Sadhaa Alipanaa ||11||	O Nanak, our Lord and Master is forever detached. ||11||	ਹੇ ਨਾਨਕ! (ਕੈਸੀ ਅਚਰਜ ਖੇਡ ਹੈ! ਸਭ ਜੀਵਾਂ ਵਿਚ ਬੈਠ ਕੇ ਪਾਲਣਹਾਰ ਪ੍ਰਭੂ ਪ੍ਰੇਰਨਾ ਕਰ ਰਿਹਾ ਹੈ, ਫਿਰ ਭੀ) ਪ੍ਰਭੂ ਆਪ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ ॥੧੧॥
11047	252	ਸਲੋਕੁ॥		Salok ||	Shalok:	

11048	252	ਲਾਲ ਗੁਪਾਲ ਗੋਬਿੰਦ ਪ੍ਰਭ ਗਹਿਰ ਗੰਭੀਰ ਅਥਾਹ॥		Laal Gupaal Gobindh Prabh Gehir Ganbheer Athhaah ||	My Beloved God, the Sustainer of the World, the Lord of the Universe, is deep, profound and unfathomable.	ਪਰਮਾਤਮਾ ਸਭ ਦਾ ਪਿਆਰਾ ਹੈ, ਸ੍ਰਿਸ਼ਟੀ ਦਾ ਰੱਖਿਅਕ ਹੈ, ਸਭ ਦੀ ਜਾਣਨ ਵਾਲਾ ਹੈ, ਵੱਡੇ ਜਿਗਰੇ ਵਾਲਾ ਹੈ, ਉਹ ਇਕ ਐਸਾ ਸਮੁੰਦਰ ਸਮਝੋ, ਜਿਸ ਦੀ ਹਾਥ ਨਹੀਂ ਪੈਂਦੀ। ਉਸ ਦਾ ਭੇਤ ਨਹੀਂ ਪੈ ਸਕਦਾ।
11049	252	ਦੂਸਰ ਨਾਹੀ ਅਵਰ ਕੋ ਨਾਨਕ ਬੇਪਰਵਾਹ॥੧॥		Dhoosar Naahee Avar Ko Naanak Baeparavaah ||1||	There is no other like Him; O Nanak, He is not worried. ||1||	ਕੋਈ ਚਿੰਤਾ-ਫ਼ਿਕਰ ਉਸ ਦੇ ਨੇੜੇ ਨਹੀਂ ਢੁਕਦੇ। ਹੇ ਨਾਨਕ! ਉਸ ਵਰਗਾ ਕੋਈ ਹੋਰ ਦੂਜਾ ਨਹੀਂ ॥੧॥
11050	252	ਪਉੜੀ॥		Pourree ||	Pauree:	ਪਉੜੀ
11051	252	ਲਲਾ ਤਾ ਕੈ ਲਵੈ ਨ ਕੋਊ॥		Lalaa Thaa Kai Lavai N Kooo ||	LALLA: There is no one equal to Him.	ਉਸ ਪਰਮਾਤਮਾ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ,
11052	252	ਏਕਹਿ ਆਪਿ ਅਵਰ ਨਹ ਹੋਊ॥		Eaekehi Aap Avar Neh Hooo ||	He Himself is the One; there shall never be any other.	(ਆਪਣੇ ਵਰਗਾ) ਉਹ ਆਪ ਹੀ ਆਪ ਹੈ (ਉਸ ਵਰਗਾ) ਹੋਰ ਕੋਈ ਨਹੀਂ।
11053	252	ਹੋਵਨਹਾਰੁ ਹੋਤ ਸਦ ਆਇਆ॥		Hovanehaar Hoth Sadh Aaeiaa ||	He is now, He has been, and He shall always be.	ਸਦਾ ਤੋਂ ਹੀ ਉਹ ਪ੍ਰਭੂ ਹੋਂਦ ਵਾਲਾ ਚਲਿਆ ਆ ਰਿਹਾ ਹੈ,
11054	252	ਉਆ ਕਾ ਅੰਤੁ ਨ ਕਾਹੂ ਪਾਇਆ॥		Ouaa Kaa Anth N Kaahoo Paaeiaa ||	No one has ever found His limit.	ਕਿਸੇ ਨੇ ਉਸ (ਦੀ) ਹਸਤੀ ਦਾ ਅਖ਼ੀਰਲਾ ਬੰਨਾ ਨਹੀਂ ਲੱਭਾ।
11055	252	ਕੀਟ ਹਸਤਿ ਮਹਿ ਪੂਰ ਸਮਾਨੇ॥	ਹਸ-ਤਿ	Keett Hasath Mehi Poor Samaanae ||	In the ant and in the elephant, He is totally pervading.	ਕੀੜੀ ਤੋਂ ਲੈ ਕੇ ਹਾਥੀ ਤਕ ਸਭ ਵਿਚ ਪੂਰਨ ਤੌਰ ਤੇ ਪ੍ਰਭੂ ਵਿਆਪਕ ਹੈ।

11056	252	ਪ੍ਰਗਟ ਪੁਰਖ ਸਭ ਠਾਊ ਜਾਨੇ॥	(ਠਾਊ) ਥਾਂ	Pragatt Purakh Sabh Thaaoo Jaanae ||	The Lord, the Primal Being, is known by everyone everywhere.	ਉਹ ਸਰਬ-ਵਿਆਪਕ ਪਰਮਾਤਮਾ ਹਰ ਥਾਂ ਪ੍ਰਤੱਖ ਜਾਪ ਰਿਹਾ ਹੈ।
11057	252	ਜਾ ਕਉ ਦੀਨੋ ਹਰਿ ਰਸੁ ਅਪਨਾ॥		Jaa Ko Dheeno Har Ras Apanaa ||	That one, unto whom the Lord has given His Love	ਜਿਸ ਬੰਦੇ ਨੂੰ ਪ੍ਰਭੂ ਨੇ ਆਪਣੇ ਨਾਮ ਦਾ ਸੁਆਦ ਬਖ਼ਸ਼ਿਆ ਹੈ,
11058	252	ਨਾਨਕ ਗੁਰਮੁਖਿ ਹਰਿ ਹਰਿ ਤਿਹ ਜਪਨਾ॥੧੨॥		Naanak Guramukh Har Har Thih Japanaa ||12||	- O Nanak, that Gurmukh chants the Name of the Lord, Har, Har. ||12||	ਹੇ ਨਾਨਕ! ਉਹ ਬੰਦਾ ਗੁਰੂ ਦੀ ਸਰਨ ਪੈ ਕੇ ਸਦਾ ਉਸ ਨੂੰ ਜਪਦਾ ਹੈ ॥੧੨॥
11059	252	ਸਲੋਕੁ॥		Salok ||	Shalok:	
11060	252	ਆਤਮ ਰਸੁ ਜਿਹ ਜਾਨਿਆ ਹਰਿ ਰੰਗ ਸਹਜੇ ਮਾਣੁ॥		Aatham Ras Jih Jaaniaa Har Rang Sehajae Maan ||	One who knows the taste of the Lord's sublime essence, intuitively enjoys the Lord's Love.	ਹੇ ਨਾਨਕ! ਜੇਹੜੇ ਬੰਦੇ ਅਡੋਲ ਅਵਸਥਾ ਵਿਚ ਟਿਕ ਕੇ ਪ੍ਰਭੂ ਦੀ ਯਾਦ ਦਾ ਸੁਆਦ ਮਾਣਦੇ ਹਨ, ਜਿਨ੍ਹਾਂ ਨੇ ਇਸ ਆਤਮਕ ਆਨੰਦ ਨਾਲ ਸਾਂਝ ਪਾਈ ਹੈ,
11061	252	ਨਾਨਕ ਧਨਿ ਧਨਿ ਧੰਨਿ ਜਨ ਆਏ ਤੇ ਪਰਵਾਣੁ॥੧॥		Naanak Dhhan Dhhan Dhhann Jan Aaeae Thae Paravaan ||1||	O Nanak, blessed, blessed, blessed are the Lord's humble servants; how fortunate is their coming into the world! ||1||	ਉਹ ਭਾਗਾਂ ਵਾਲੇ ਹਨ, ਉਹਨਾਂ ਦਾ ਹੀ ਜਗਤ ਵਿਚ ਜੰਮਣਾ ਸਫਲ ਹੈ ॥੧॥
11062	252	ਪਉੜੀ॥		Pourree ||	Pauree:	ਪਉੜੀ

11063	252	ਆਇਆ ਸਫਲ ਤਾਹੂ ਕੋ ਗਨੀਐ॥		Aaeiaa Safal Thaahoo Ko Ganeeai ||	How fruitful is the coming into the world, of those	(ਜਗਤ ਵਿਚ) ਉਸੇ ਮਨੁੱਖ ਦਾ ਆਉਣਾ ਨੇਪਰੇ ਚੜ੍ਹਿਆ ਜਾਣੋ, (ਜਗਤ ਵਿਚ ਉਹੀ) ਆਇਆ ਸਮਝੋ,
11064	252	ਜਾਸੁ ਰਸਨ ਹਰਿ ਹਰਿ ਜਸੁ ਭਨੀਐ॥	(ਭਨੀਐ) ਉਚਾਰੇ	Jaas Rasan Har Har Jas Bhaneeai ||	Whose tongues celebrate the Praises of the Name of the Lord, Har, Har.	ਜਿਸ ਦੀ ਜੀਭ ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੀ ਹੈ।
11065	252	ਆਇ ਬਸਹਿ ਸਾਧੂ ਕੈ ਸੰਗੇ॥		Aae Basehi Saadhhoo Kai Sangae ||	They come and dwell with the Saadh Sangat, the Company of the Holy;	(ਜੇਹੜੇ ਬੰਦੇ) ਗੁਰੂ ਦੀ ਹਜ਼ੂਰੀ ਵਿਚ ਆ ਟਿਕਦੇ ਹਨ,
11066	252	ਅਨ ਦਿਨੁ ਨਾਮੁ ਧਿਆਵਹਿ ਰੰਗੇ॥		Anadhin Naam Dhhiaavehi Rangae ||	Night and day, they lovingly meditate on the Naam.	ਉਹ ਹਰ ਵੇਲੇ ਪਿਆਰ ਨਾਲ ਪ੍ਰਭੂ ਦਾ ਨਾਮ ਸਿਮਰਦੇ ਹਨ।
11067	252	ਆਵਤ ਸੋ ਜਨੁ ਨਾਮਹਿ ਰਾਤਾ॥	ਰੱਾਤਾ	Aavath So Jan Naamehi Raathaa ||	Blessed is the birth of those humble beings who are attuned to the Naam;	ਉਹ ਮਨੁੱਖ ਸਦਾ ਪਰਮਾਤਮਾ ਦੇ ਨਾਮ ਵਿਚ ਮਸਤ ਰਹਿੰਦਾ ਹੈ,
11068	252	ਜਾ ਕਉ ਦਇਆ ਮਇਆ ਬਿਧਾਤਾ॥	ਦ-ਇਆ। ਮ-ਇਆ	Jaa Ko Dhaeiaa Maeiaa Bidhhaathaa ||	The Lord, the Architect of Destiny, bestows His Kind Mercy upon them.	ਜਿਸ ਉਤੇ ਸਿਰਜਣਹਾਰ ਦੀ ਮਿਹਰ ਹੋਈ ਕਿਰਪਾ ਹੋਈ।
11069	252	ਏਕਹਿ ਆਵਨ ਫਿਰਿ ਜੋਨਿ ਨ ਆਇਆ॥		Eaekehi Aavan Fir Jon N Aaeiaa ||	They are born only once - they shall not be reincarnated again.	(ਜਗਤ ਵਿਚ) ਉਸ ਮਨੁੱਖ ਦਾ ਜਨਮ ਇਕੋ ਵਾਰੀ ਹੁੰਦਾ ਹੈ, ਉਹ ਮੁੜ ਮੁੜ ਜੂਨਾਂ ਵਿਚ ਨਹੀਂ ਆਉਂਦਾ,

11070	252	ਨਾਨਕ ਹਰਿ ਕੈ ਦਰਸਿ ਸਮਾਇਆ॥੧੩॥		Naanak Har Kai Dharas Samaaeiaa ||13||	O Nanak, they are absorbed into the Blessed Vision of the Lord's Darshan. ||13||	ਹੇ ਨਾਨਕ! ਜੋ ਪਰਮਾਤਮਾ ਦੇ ਦੀਦਾਰ ਵਿਚ ਲੀਨ ਰਹਿੰਦਾ ਹੈ ॥੧੩॥
11071	252	ਸਲੋਕੁ॥		Salok ||	Shalok:	
11072	252	ਯਾਸੁ ਜਪਤ ਮਨਿ ਹੋਇ ਅਨੰਦੁ ਬਿਨਸੈ ਦੂਜਾ ਭਾਉ॥	ਯਾ ਤਾਲੂ ਤੋਂ ਬੋਲੋ	Yaas Japath Man Hoe Anandh Binasai Dhoojaa Bhaao ||	Chanting it, the mind is filled with bliss; love of duality is eliminated, and pain, distress and desires are quenched.	ਜਿਸ ਪ੍ਰਭੂ ਦਾ ਨਾਮ ਜਪਦਿਆਂ ਮਨ ਵਿਚ ਆਨੰਦ ਪੈਦਾ ਹੁੰਦਾ ਹੈ, (ਪ੍ਰਭੂ ਤੋਂ ਲਾਂਭੇ) ਕਿਸੇ ਹੋਰ ਦਾ ਮੋਹ ਦੂਰ ਹੋ ਸਕਦਾ ਹੈ,
11073	252	ਦੂਖ ਦਰਦ ਤ੍ਰਿਸਨਾ ਬੁਝੈ ਨਾਨਕ ਨਾਮਿ ਸਮਾਉ॥੧॥	ਬੁਝੈ: ਪੋਲਾ ਬੋਲੋ	Dhookh Dharadh Thrisanaa Bujhai Naanak Naam Samaao ||1||	O Nanak, immerse yourself in the Naam, the Name of the Lord. ||1||	ਮਾਇਆ ਦਾ ਲਾਲਚ (ਤੇ ਲਾਲਚ ਤੋਂ ਪੈਦਾ ਹੋਇਆ) ਦੁਖ ਕਲੇਸ਼ ਮਿਟ ਜਾਂਦਾ ਹੈ, ਹੇ ਨਾਨਕ! ਉਸ ਦੇ ਨਾਮ ਵਿਚ ਟਿਕੇ ਰਹੋ ॥੧॥
11074	253	ਪਉੜੀ॥		Pourree ||	Pauree:	ਪਉੜੀ
11075	253	ਯਯਾ ਜਾਰਉ ਦੁਰਮਤਿ ਦੋਊ॥	(ਦੋਊ) ਦ੍ਵੈਤ। ਯਯਾ ਤਾਲੂ ਤੋਂ ਬੋਲੋ	Yayaa Jaaro Dhuramath Dhooo ||	YAYYA: Burn away duality and evil-mindedness.	(ਹੇ ਭਾਈ!) ਭੈੜੀ ਮਤ ਤੇ ਮਾਇਆ ਦਾ ਪਿਆਰ ਸਾੜ ਦਿਉ,
11076	253	ਤਿਸਹਿ ਤਿਆਗਿ ਸੁਖ ਸਹਜੇ ਸੋਊ॥		Thisehi Thiaag Sukh Sehajae Sooo ||	Give them up, and sleep in intuitive peace and poise.	ਇਸ ਨੂੰ ਤਿਆਗਿਆਂ ਹੀ ਸੁਖ ਵਿਚ ਅਡੋਲ ਅਵਸਥਾ ਵਿਚ ਟਿਕੇ ਰਹੋਗੇ।

11077	253	ਯਯਾ ਜਾਇ ਪਰਹੁ ਸੰਤ ਸਰਨਾ॥		Yayaa Jaae Parahu Santh Saranaa ||	Yaya: Go, and seek the Sanctuary of the Saints;	ਜਾ ਕੇ ਸੰਤਾਂ ਦੀ ਸਰਨੀ ਪਵੋ,
11078	253	ਜਿਹ ਆਸਰ ਇਆ ਭਵਜਲੁ ਤਰਨਾ॥		Jih Aasar Eiaa Bhavajal Tharanaa ||	With their help, you shall cross over the terrifying world-ocean.	ਇਸੇ ਆਸਰੇ ਇਸ ਸੰਸਾਰ-ਸਮੁੰਦਰ ਵਿਚੋਂ (ਸਹੀ ਸਲਾਮਤ) ਪਾਰ ਲੰਘ ਸਕੀਦਾ ਹੈ।
11079	253	ਯਯਾ ਜਨਮਿ ਨ ਆਵੈ ਸੋਊ॥		Yayaa Janam N Aavai Sooo ||	Yaya: One who weaves the One Name into his heart,	ਉਹ ਮੁੜ ਮੁੜ ਜਨਮ ਵਿਚ ਨਹੀਂ ਆਉਂਦਾ,
11080	253	ਏਕ ਨਾਮ ਲੇ ਮਨਹਿ ਪਰੋਊ॥		Eaek Naam Lae Manehi Parooo ||	Does not have to take birth again.	ਜੇਹੜਾ ਬੰਦਾ ਇਕ ਪ੍ਰਭੂ ਦਾ ਨਾਮ ਲੈ ਕੇ ਆਪਣੇ ਮਨ ਵਿਚ ਪ੍ਰੋ ਲੈਂਦਾ ਹੈ।
11081	253	ਯਯਾ ਜਨਮੁ ਨ ਹਾਰੀਐ ਗੁਰ ਪੂਰੇ ਕੀ ਟੇਕ॥		Yayaa Janam N Haareeai Gur Poorae Kee Ttaek ||	Yaya: This human life shall not be wasted, if you take the Support of the Perfect Guru.	ਪੂਰੇ ਗੁਰੂ ਦਾ ਆਸਰਾ ਲਿਆਂ ਮਨੁੱਖਾ ਜਨਮ ਵਿਅਰਥ ਨਹੀਂ ਜਾਂਦਾ।
11082	253	ਨਾਨਕ ਤਿਹ ਸੁਖੁ ਪਾਇਆ ਜਾ ਕੈ ਹੀਅਰੈ ਏਕ॥੧੪॥		Naanak Thih Sukh Paaeiaa Jaa Kai Heearai Eaek ||14||	O Nanak, one whose heart is filled with the One Lord finds peace. ||14||	ਹੇ ਨਾਨਕ! ਜਿਸ ਮਨੁੱਖ ਦੇ ਹਿਰਦੇ ਵਿਚ ਇਕ ਪ੍ਰਭੂ ਵੱਸ ਪਿਆ ਹੈ, ਉਸ ਨੇ ਆਤਮਕ ਆਨੰਦ ਹਾਸਲ ਕਰ ਲਿਆ ਹੈ ॥੧੪॥
11083	253	ਸਲੋਕੁ॥		Salok ||	Shalok:	

11084	253	ਅੰਤਰਿ ਮਨ ਤਨ ਬਸਿ ਰਹੇ ਈਤ ਊਤ ਕੇ ਮੀਤ॥	ਬਸਿ: ਪੋਲਾ ਬੋਲੋ	Anthar Man Than Bas Rehae Eeth Ooth Kae Meeth ||	The One who dwells deep within the mind and body is your friend here and hereafter.	ਲੋਕ ਪਰਲੋਕ ਦਾ ਸਾਥ ਦੇਣ ਵਾਲਾ ਪਰਮਾਤਮਾ ਉਸ ਮਨੁੱਖ ਦੇ ਮਨ ਵਿਚ ਤਨ ਵਿਚ ਹਰ ਵੇਲੇ ਵੱਸ ਪੈਂਦਾ ਹੈ,
11085	253	ਗੁਰਿ ਪੂਰੈ ਉਪਦੇਸਿਆ ਨਾਨਕ ਜਪੀਐ ਨੀਤ॥੧॥		Gur Poorai Oupadhaesiaa Naanak Japeeai Neeth ||1||	The Perfect Guru has taught me, O Nanak, to chant His Name continually. ||1||	ਗੁਰੂ ਜਿਸ ਪਰਮਾਤਮਾ ਨੂੰ ਨੇੜੇ ਵਿਖਾ ਦੇਂਦਾ ਹੈ, ਹੇ ਨਾਨਕ! ਐਸੇ ਪ੍ਰਭੂ ਨੂੰ ਸਦਾ ਸਿਮਰਨਾ ਚਾਹੀਦਾ ਹੈ ॥੧॥
11086	253	ਪਉੜੀ॥		Pourree ||	Pauree:	ਪਉੜੀ
11087	253	ਅਨ ਦਿਨੁ ਸਿਮਰਹੁ ਤਾਸੁ ਕਉ ਜੋ ਅੰਤਿ ਸਹਾਈ ਹੋਇ॥		Anadhin Simarahu Thaas Ko Jo Anth Sehaaee Hoe ||	Night and day, meditate in remembrance on the One who will be your Help and Support in the end.	ਜੋ ਪ੍ਰਭੂ ਅਖ਼ੀਰ ਸਮੇ ਸਹਾਇਤਾ ਕਰਦਾ ਹੈ ਉਸ ਨੂੰ ਹਰ ਵੇਲੇ ਯਾਦ ਰੱਖੋ।
11088	253	ਇਹ ਬਿਖਿਆ ਦਿਨ ਚਾਰਿ ਛਿਅ ਛਾਡਿ ਚਲਿਓ ਸਭੁ ਕੋਇ॥	ਚਲਿਓ	Eih Bikhiaa Dhin Chaar Shhia Shhaadd Chaliou Sabh Koe ||	This poison shall last for only a few days; everyone must depart, and leave it behind.	ਇਹ ਮਾਇਆ ਤਾਂ ਦਸ ਦਿਨਾਂ ਦੀ ਸਾਥਣ ਹੈ, ਹਰੇਕ ਜੀਵ ਇਸ ਨੂੰ ਇਥੇ ਹੀ ਛੱਡ ਕੇ ਤੁਰ ਜਾਂਦਾ ਹੈ।
11089	253	ਕਾ ਕੋ ਮਾਤ ਪਿਤਾ ਸੁਤ ਧੀਆ॥		Kaa Ko Maath Pithaa Suth Dhheeaa ||	Who is our mother, father, son and daughter?	ਮਾਂ ਪਿਉ ਪੁੱਤਰ ਧੀ ਕੋਈ ਭੀ ਕਿਸੇ ਦਾ ਸਦਾ ਸਾਥੀ ਨਹੀਂ ਹੈ।

11090	253	ਗ੍ਰਿਹ ਬਨਿਤਾ ਕਛੁ ਸੰਗਿ ਨ ਲੀਆ॥		Grih Banithaa Kashh Sang N Leeaa ||	Household, wife, and other things shall not go along with you.	ਘਰ ਇਸਤ੍ਰੀ ਕੋਈ ਭੀ ਸ਼ੈ ਕੋਈ ਜੀਵ ਇਥੋਂ ਨਾਲ ਲੈ ਕੇ ਨਹੀਂ ਜਾ ਸਕਦਾ।
11091	253	ਐਸੀ ਸੰਚਿ ਜੁ ਬਿਨਸਤ ਨਾਹੀ॥		Aisee Sanch J Binasath Naahee ||	So gather that wealth which shall never perish,	(ਹੇ ਭਾਈ!) ਅਜਿਹੀ ਰਾਸਿ-ਪੂੰਜੀ ਇਕੱਠੀ ਕਰ ਜਿਸ ਦਾ ਕਦੇ ਨਾਸ ਨ ਹੋਵੇ,
11092	253	ਪਤਿ ਸੇਤੀ ਅਪੁਨੈ ਘਰਿ ਜਾਹੀ॥		Path Saethee Apunai Ghar Jaahee ||	So that you may go to your true home with honor.	ਤੇ ਇੱਜ਼ਤ ਨਾਲ ਉਸ ਘਰ ਵਿਚ ਜਾ ਸਕੇਂ, ਜਿਥੋਂ ਕੋਈ ਕੱਢ ਨ ਸਕੇ।
11093	253	ਸਾਧਸੰਗਿ ਕਲਿ ਕੀਰਤਨੁ ਗਾਇਆ॥		Saadhhasang Kal Keerathan Gaaeiaa ||	In this Dark Age of Kali Yuga, those who sing the Kirtan of the Lord's Praises in the Saadh Sangat, the Company of the Holy	ਜਿਨ੍ਹਾਂ ਬੰਦਿਆਂ ਨੇ ਮਨੁੱਖਾ ਜਨਮ ਲੈ ਕੇ ਸਤ-ਸੰਗ ਵਿਚ ਪ੍ਰਭੂ ਦੀ ਸਿਫ਼ਤ-ਸਾਲਾਹ ਕੀਤੀ,
11094	253	ਨਾਨਕ ਤੇ ਤੇ ਬਹੁਰਿ ਨ ਆਇਆ॥੧੫॥		Naanak Thae Thae Bahur N Aaeiaa ||15||	- O Nanak, they do not have to endure reincarnation again. ||15||	ਹੇ ਨਾਨਕ! ਉਹ ਮੁੜ ਜਨਮ ਮਰਨ ਦੇ ਗੇੜ ਵਿਚ ਨਹੀਂ ਆਏ ॥੧੫॥
11095	253	ਸਲੋਕੁ॥		Salok ||	Shalok:	
11096	253	ਅਤਿ ਸੁੰਦਰ ਕੁਲੀਨ ਚਤੁਰ ਮੁਖਿ ਙਿਆਨੀ ਧਨਵੰਤ॥		Ath Sundhar Kuleen Chathur Mukh N(g)iaanee Dhhanavanth ||	He may be very handsome, born into a highly respected family, very wise, a famous spiritual teacher, prosperous and wealthy;	ਜੇ ਕੋਈ ਬੜੇ ਸੁੰਦਰ, ਚੰਗੀ ਕੁਲ ਵਾਲੇ, ਸਿਆਣੇ, ਗਿਆਨਵਾਨ ਤੇ ਧਨਵਾਨ ਬੰਦੇ ਭੀ ਹੋਣ,

11097	253	ਮਿਰਤਕ ਕਹੀਅਹਿ ਨਾਨਕਾ ਜਿਹ ਪ੍ਰੀਤਿ ਨਹੀ ਭਗਵੰਤ॥੧॥	ਕਹੀ-ਅਹਿ	Mirathak Keheeahi Naanakaa Jih Preeth Nehee Bhagavanth ||1||	But even so, he is looked upon as a corpse, O Nanak, if he does not love the Lord God. ||1||	ਪਰ ਹੇ ਨਾਨਕ! ਜਿਨ੍ਹਾਂ ਦੇ ਅੰਦਰ ਭਗਵਾਨ ਦੀ ਪ੍ਰੀਤਿ ਨਹੀਂ ਹੈ, ਉਹ ਮੁਰਦੇ ਹੀ ਆਖੇ ਜਾਂਦੇ ਹਨ (ਭਾਵ, ਵਿਕਾਰਾਂ ਵਿਚ ਮਰੀ ਹੋਈ ਆਤਮਾ ਵਾਲੇ) ॥੧॥
11098	253	ਪਉੜੀ॥		Pourree ||	Pauree:	ਪਉੜੀ
11099	253	ਙੰਙਾ ਖਟੁ ਸਾਸਤ੍ਰ ਹੋਇ ਙਿਆਤਾ॥		N(g)ann(g)aa Khatt Saasathr Hoe N(g)iaathaa ||	NGANGA: He may be a scholar of the six Shaastras.	ਕੋਈ ਮਨੁੱਖ ਛੇ ਸ਼ਾਸਤ੍ਰਾਂ ਦਾ ਜਾਣਨ ਵਾਲਾ ਹੋਵੇ,
11100	253	ਪੂਰਕੁ ਕੁੰਭਕ ਰੇਚਕ ਕਰਮਾਤਾ॥	(ਪੂਰਕੁ)ਸਵਾਸਾਂ ਨੂੰ ਦਸਮਦੁਆਰ ਚੜ੍ਹਾਉਣਾ। (ਕੁੰਭਕ) ਸਵਾਸਾਂ ਨੂੰ ਠਹਿਰਾਉਣਾਂ। (ਰੇਚਕ) ਸਵਾਸਾਂ ਨੂੰ ਉਤਾਰਨਾ। (ਕਰਮੱਾਤਾ) ਕਰਮਾਂ ਚ ਲੱਗਾ ਹੈ	Poorak Kunbhak Raechak Karamaathaa ||	He may practice inhaling, exhaling and holding the breath.	(ਪ੍ਰਾਣਾਯਾਮ ਦੇ ਅੱਭਿਆਸ ਵਿਚ) ਸੁਆਸ ਉਪਰ ਚਾੜ੍ਹਨ, ਰੋਕ ਰੱਖਣ ਅਤੇ ਹੇਠਾਂ ਉਤਾਰਨ ਦੇ ਕਰਮ ਕਰਦਾ ਹੋਵੇ,
11101	253	ਙਿਆਨ ਧਿਆਨ ਤੀਰਥ ਇਸਨਾਨੀ॥		N(g)iaan Dhhiaan Theerathh Eisanaanee ||	He may practice spiritual wisdom, meditation, pilgrimages to sacred shrines and ritual cleansing baths.	ਧਾਰਮਿਕ ਚਰਚਾ ਕਰਦਾ ਹੋਵੇ, ਸਮਾਧੀਆਂ ਲਾਂਦਾ ਹੋਵੇ, ਤੀਰਥਾਂ ਦਾ ਇਸ਼ਨਾਨ ਕਰਦਾ ਹੋਵੇ,

11102	253	ਸੋਮਪਾਕ ਅਪਰਸ ਉਦਿਆਨੀ॥	(ਸੋਮਪਾਕ)ਆਪਣੇ ਹੱਥੀਂ ਲੰਗਰ ਤਿਆਰ ਕਰਨ ਵਾਲਾ। (ਉਦਿਆਨੀ) ਬਨਵਾਸੀ। ਅ-ਪਰਸ	Somapaak Aparas Oudhiaanee ||	He may cook his own food, and never touch anyone else's; he may live in the wilderness like a hermit.	(ਸੁੱਚ ਦੀ ਖ਼ਾਤਰ) ਆਪਣੀ ਹੱਥੀਂ ਰੋਟੀ ਪਕਾਂਦਾ ਹੋਵੇ, ਜੰਗਲਾਂ ਵਿਚ ਰਹਿੰਦਾ ਹੋਵੇ,
11103	253	ਰਾਮ ਨਾਮ ਸੰਗਿ ਮਨਿ ਨਹੀ ਹੇਤਾ॥	(ਹੇਤਾ) ਪ੍ਰੇਮ	Raam Naam Sang Man Nehee Haethaa ||	But if he does not enshrine love for the Lord's Name within his heart,	ਪਰ ਜੇ ਉਸ ਦੇ ਮਨ ਵਿਚ ਪਰਮਾਤਮਾ ਦੇ ਨਾਮ ਨਾਲ ਪਿਆਰ ਨਹੀਂ,
11104	253	ਜੋ ਕਛੁ ਕੀਨੋ ਸੋਊ ਅਨੇਤਾ॥	(ਅਨੇਤਾ) ਨਾਸਵੰਤ	Jo Kashh Keeno Sooo Anaethaa ||	Then everything he does is transitory.	ਤਾਂ ਉਸ ਨੇ ਜੋ ਕੁਝ ਕੀਤਾ ਵਿਅਰਥ ਹੀ ਕੀਤਾ।
11105	253	ਊਆ ਤੇ ਊਤਮੁ ਗਨਉ ਚੰਡਾਲਾ॥		Ouaa Thae Ootham Gano Chanddaalaa ||	Even an untouchable pariah is superior to him,	ਉਸ ਮਨੁੱਖ ਨਾਲੋਂ ਮੈਂ ਇਕ ਨੀਵੀਂ ਜਾਤਿ ਦੇ ਬੰਦੇ ਨੂੰ ਚੰਗਾ ਸਮਝਦਾ ਹਾਂ,
11106	253	ਨਾਨਕ ਜਿਹ ਮਨਿ ਬਸਹਿ ਗੁਪਾਲਾ॥੧੬॥	ਬਸ-ਹਿ: ਪੋਲਾ ਬੋਲੋ	Naanak Jih Man Basehi Gupaalaa ||16||	O Nanak, if the Lord of the World abides in his mind. ||16||	ਹੇ ਨਾਨਕ! (ਆਖ) ਜਿਸ ਦੇ ਮਨ ਵਿਚ ਪ੍ਰਭੂ ਜੀ ਨਹੀਂ ਵੱਸਦੇ ॥੧੬॥
11107	253	ਸਲੋਕੁ॥		Salok ||	Shalok:	
11108	253	ਕੁੰਟ ਚਾਰਿ ਦਹ ਦਿਸਿ ਭ੍ਰਮੇ ਕਰਮ ਕਿਰਤਿ ਕੀ ਰੇਖ॥		Kuntt Chaar Dheh Dhis Bhramae Karam Kirath Kee Raekh ||	He wanders around in the four quarters and in the ten directions, according to the dictates of his karma.	ਜੀਵ ਆਪਣੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਚਹੁੰ ਤਰਫ਼ਾਂ ਵਿਚ ਦਸਾਂ ਦਿਸ਼ਾਂ ਵਿਚ ਭਟਕਦੇ ਹਨ।

11109	253	ਸੂਖ ਦੂਖ ਮੁਕਤਿ ਜੋਨਿ ਨਾਨਕ ਲਿਖਿਓ ਲੇਖ॥੧॥		Sookh Dhookh Mukath Jon Naanak Likhiou Laekh ||1||	Pleasure and pain, liberation and reincarnation, O Nanak, come according to one's pre-ordained destiny. ||1||	ਹੇ ਨਾਨਕ! ਲਿਖੇ ਲੇਖ ਅਨੁਸਾਰ ਹੀ ਸੁਖ ਦੁਖ ਮੁਕਤੀ ਜਾਂ ਜਨਮ ਮਰਨ ਦੇ ਗੇੜ ਮਿਲਦੇ ਹਨ ॥੧॥
11110	253	ਪਵੜੀ॥		Pavarree ||	Pauree:	ਪਵੜੀ
11111	253	ਕਕਾ ਕਾਰਨ ਕਰਤਾ ਸੋਊ॥		Kakaa Kaaran Karathaa Sooo ||	KAKKA: He is the Creator, the Cause of causes.	ਕਰਤਾਰ ਆਪ ਹੀ (ਜਗਤ ਦੀ ਕਾਰ ਦਾ) ਸਬਬ ਬਣਾਣ ਵਾਲਾ ਹੈ।
11112	253	ਲਿਖਿਓ ਲੇਖੁ ਨ ਮੇਟਤ ਕੋਊ॥		Likhiou Laekh N Maettath Kooo ||	No one can erase His pre-ordained plan.	ਕੋਈ ਜੀਵ ਉਸ ਦੇ ਲਿਖੇ ਲੇਖ ਨੂੰ ਮਿਟਾ ਨਹੀਂ ਸਕਦਾ।
11113	253	ਨਹੀ ਹੋਤ ਕਛੁ ਦੋਊਬਾਰਾ॥	ਦੋਊ-ਬਾਰਾ	Nehee Hoth Kashh Dhooo Baaraa ||	Nothing can be done a second time.	ਕੋਈ ਕੰਮ ਉਸ ਨੂੰ ਦੂਜੀ ਵਾਰੀ (ਠੀਕ ਕਰ ਕੇ) ਨਹੀਂ ਕਰਨਾ ਪੈਂਦਾ।
11114	253	ਕਰਨੈਹਾਰੁ ਨ ਭੂਲਨਹਾਰਾ॥		Karanaihaar N Bhoolanehaaraa ||	The Creator Lord does not make mistakes.	ਸਿਰਜਣਹਾਰ ਭੁੱਲਣ ਵਾਲਾ ਨਹੀਂ ਹੈ, (ਜੇਹੜਾ ਭੀ ਕੰਮ ਉਹ ਕਰਦਾ ਹੈ ਉਸ ਵਿਚ ਗ਼ਲਤੀ ਨਹੀਂ ਰਹਿ ਜਾਂਦੀ।)
11115	253	ਕਾਹੂ ਪੰਥੁ ਦਿਖਾਰੈ ਆਪੈ॥		Kaahoo Panthh Dhikhaarai Aapai ||	To some, He Himself shows the Way.	ਕਿਸੇ ਜੀਵ ਨੂੰ ਆਪ ਹੀ (ਜ਼ਿੰਦਗੀ ਦਾ ਸਹੀ) ਰਸਤਾ ਵਿਖਾਂਦਾ ਹੈ,
11116	253	ਕਾਹੂ ਉਦਿਆਨ ਭ੍ਰਮਤ ਪਛੁਤਾਪੈ॥		Kaahoo Oudhiaan Bhramath Pashhuthaapai ||	While He causes others to wander miserably in the wilderness.	ਕਿਸੇ ਨੂੰ ਆਪ ਹੀ ਜੰਗਲ ਵਿਚ ਭਟਕਾ ਕੇ ਪਛੁਤਾਵੇ ਵਾਲੇ ਪਾਸੇ ਪਾਂਦਾ ਹੈ।

11117	253	ਆਪਨ ਖੇਲੁ ਆਪ ਹੀ ਕੀਨੋ॥		Aapan Khael Aap Hee Keeno ||	He Himself has set His own play in motion.	ਇਹ ਸਾਰਾ ਜਗਤ-ਖੇਲ ਪ੍ਰਭੂ ਨੇ ਆਪ ਹੀ ਬਣਾਇਆ ਹੈ।
11118	253	ਜੋ ਜੋ ਦੀਨੋ ਸੁ ਨਾਨਕ ਲੀਨੋ॥੧੭॥		Jo Jo Dheeno S Naanak Leeno ||17||	Whatever He gives, O Nanak, that is what we receive. ||17||	ਹੇ ਨਾਨਕ! ਜੋ ਕੁਝ ਉਹ ਜੀਵਾਂ ਨੂੰ ਦੇਂਦਾ ਹੈ, ਉਹੀ ਉਹਨਾਂ ਨੂੰ ਮਿਲਦਾ ਹੈ ॥੧੭॥
11119	253	ਸਲੋਕੁ॥		Salok ||	Shalok:	
11120	253	ਖਾਤ ਖਰਚਤ ਬਿਲਛਤ ਰਹੇ ਟੂਟਿ ਨ ਜਾਹਿ ਭੰਡਾਰ॥	(ਬਿਲ-ਛਤ) ਆਤਮਕ ਅਨੰਦ ਮਾਣਦੇ	Khaath Kharachath Bilashhath Rehae Ttoott N Jaahi Bhanddaar ||	People continue to eat and consume and enjoy, but the Lord's warehouses are never exhausted.	(ਪਰਮਾਤਮਾ ਦਾ ਨਾਮ ਜਪਣ ਵਾਲਿਆਂ ਦੇ ਪਾਸ ਸਿਫ਼ਤ-ਸਾਲਾਹ ਦੇ ਇਤਨੇ ਖ਼ਜ਼ਾਨੇ ਇਕੱਠੇ ਹੋ ਜਾਂਦੇ ਹਨ ਕਿ) ਉਹ ਉਹਨਾਂ ਖ਼ਜ਼ਾਨਿਆਂ ਨੂੰ ਖਾਂਦੇ ਖ਼ਰਚਦੇ ਮਾਣਦੇ ਹਨ, ਪਰ ਉਹ ਕਦੇ ਮੁੱਕਦੇ ਨਹੀਂ ਹਨ,
11121	253	ਹਰਿ ਹਰਿ ਜਪਤ ਅਨੇਕ ਜਨ ਨਾਨਕ ਨਾਹਿ ਸੁਮਾਰ॥੧॥	(ਸੁਮਾਰ) ਗਿਣਤੀ	Har Har Japath Anaek Jan Naanak Naahi Sumaar ||1||	So many chant the Name of the Lord, Har, Har; O Nanak, they cannot be counted. ||1||	ਹੇ ਨਾਨਕ! (ਅਜਿਹੇ) ਅਨੇਕਾਂ ਜੀਵ ਪਰਮਾਤਮਾ ਦਾ ਨਾਮ ਜਪਦੇ ਹਨ, ਜਿਨ੍ਹਾਂ ਦੀ ਗਿਣਤੀ ਨਹੀਂ ਕੀਤੀ ਜਾ ਸਕਦੀ ॥੧॥
11122	253	ਪਉੜੀ॥		Pourree ||	Pauree:	ਪਉੜੀ
11123	253	ਖਖਾ ਖੂਨਾ ਕਛੁ ਨਹੀ ਤਿਸੁ ਸੰਮ੍ਰਥ ਕੈ ਪਾਹਿ॥	ਖੂਨਾ:ਪੋਲਾ ਬੋਲੋ। (ਖੂਨਾ) ਘਾਟ। ਖੱਖਾ। ਸੰਮ੍ਰੱਥ	Khakhaa Khoonaa Kashh Nehee This Sanmrathh Kai Paahi ||	KHAKHA: The All-powerful Lord lacks nothing;	ਪ੍ਰਭੂ ਸਭ ਤਾਕਤਾਂ ਦਾ ਮਾਲਕ ਹੈ, ਉਸ ਦੇ ਪਾਸ ਕਿਸੇ ਚੀਜ਼ ਦੀ ਕਮੀ ਨਹੀਂ।

11124	253	ਜੋ ਦੇਨਾ ਸੋ ਦੇ ਰਹਿਓ ਭਾਵੈ ਤਹ ਤਹ ਜਾਹਿ॥		Jo Dhaenaa So Dhae Rehiou Bhaavai Theh Theh Jaahi ||	Whatever He is to give, He continues to give - let anyone go anywhere he pleases.	ਉਸ ਦੇ ਭਗਤ ਜਨ ਉਸ ਦੀ ਰਜ਼ਾ ਵਿਚ ਤੁਰਦੇ ਹਨ, ਉਹਨਾਂ ਨੂੰ ਉਹ ਸਭ ਕੁਝ ਦੇਂਦਾ ਹੈ।
11125	253	ਖਰਚੁ ਖਜਾਨਾ ਨਾਮ ਧਨੁ ਇਆ ਭਗਤਨ ਕੀ ਰਾਸਿ॥		Kharach Khajaanaa Naam Dhhan Eiaa Bhagathan Kee Raas ||	The wealth of the Naam, the Name of the Lord, is a treasure to spend; it is the capital of His devotees.	ਪ੍ਰਭੂ ਦਾ ਨਾਮ-ਧਨ ਭਗਤਾਂ ਦੀ ਰਾਸਿ-ਪੂੰਜੀ ਹੈ, ਇਸੇ ਖ਼ਜ਼ਾਨੇ ਨੂੰ ਉਹ ਸਦਾ ਵਰਤਦੇ ਹਨ।
11126	253	ਖਿਮਾ ਗਰੀਬੀ ਅਨਦ ਸਹਜ ਜਪਤ ਰਹਹਿ ਗੁਣਤਾਸ॥	ਅਨ-ਦ: ਪੋਲਾ ਬੋਲੋ। ਰਹ-ਹਿ	Khimaa Gareebee Anadh Sehaj Japath Rehehi Gunathaas ||	With tolerance, humility, bliss and intuitive poise, they continue to meditate on the Lord, the Treasure of excellence.	ਉਹ ਸਦਾ ਗੁਣਾਂ ਦੇ ਖ਼ਜ਼ਾਨੇ-ਪ੍ਰਭੂ ਨੂੰ ਸਿਮਰਦੇ ਹਨ ਤੇ ਉਹਨਾਂ ਦੇ ਅੰਦਰ ਖਿਮਾ ਨਿੰਮ੍ਰਤਾ, ਆਤਮਕ ਆਨੰਦ ਤੇ ਅਡੋਲਤਾ (ਆਦਿਕ ਗੁਣ ਪਲਰਦੇ ਹਨ)।
11127	253	ਖੇਲਹਿ ਬਿਗਸਹਿ ਅਨਦ ਸਿਉ ਜਾ ਕਉ ਹੋਤ ਕ੍ਰਿਪਾਲ॥	ਖ਼੍ਯੇਲਹਿ। ਬਿਗਸ-ਹਿ	Khaelehi Bigasehi Anadh Sio Jaa Ko Hoth Kirapaal ||	Those, unto whom the Lord shows His Mercy, play happily and blossom forth.	ਜਿਨ੍ਹਾਂ ਉਤੇ ਕਿਰਪਾ ਕਰਦਾ ਹੈ, ਉਹ ਆਤਮਕ ਆਨੰਦ ਨਾਲ ਜੀਵਨ ਦੀ ਖੇਡ ਖੇਡਦੇ ਹਨ ਤੇ ਸਦਾ ਖਿੜੇ ਰਹਿੰਦੇ ਹਨ।
11128	253	ਸਦੀਵ ਗਨੀਵ ਸੁਹਾਵਨੇ ਰਾਮ ਨਾਮ ਗ੍ਰਿਹਿ ਮਾਲ॥	(ਸਦੀਵ) ਸਦਾ ਹੀ। (ਗਨੀਵ) ਧਨਾਢ। (ਸੁਹਾਵਨੇ) ਸੋਭਨੀਕ। ਗ੍ਰਿ-ਹਿ	Sadheev Ganeev Suhaavanae Raam Naam Grihi Maal ||	Those who have the wealth of the Lord's Name in their homes are forever wealthy and beautiful.	ਉਹ ਸਦਾ ਹੀ ਧਨਾਢ ਹਨ, ਉਹਨਾਂ ਦੇ ਮੱਥੇ ਚਮਕਦੇ ਹਨ, ਕਿਉਂਕਿ ਉਹਨਾਂ ਦੇ ਹਿਰਦੇ-ਘਰ ਵਿਚ ਬੇਅੰਤ ਨਾਮ-ਧਨ ਹੈ।

11129	253	ਖੇਦੁ ਨ ਦੂਖੁ ਨ ਡਾਨੁ ਤਿਹ ਜਾ ਕਉ ਨਦਰਿ ਕਰੀ॥		Khaedh N Dhookh N Ddaan Thih Jaa Ko Nadhar Karee ||	Those who are blessed with the Lord's Glance of Grace suffer neither torture, nor pain, nor punishment.	ਜਿਨ੍ਹਾਂ ਉਤੇ ਪ੍ਰਭੂ ਮਿਹਰ ਦੀ ਨਜ਼ਰ ਕਰਦਾ ਹੈ, ਉਹਨਾਂ ਦੀ ਆਤਮਾ ਨੂੰ ਕੋਈ ਕਲੇਸ਼ ਨਹੀਂ, ਕੋਈ ਦੁੱਖ ਨਹੀਂ (ਜੀਵਨ-ਵਣਜ ਵਿਚ ਉਹਨਾਂ ਨੂੰ ਕੋਈ ਜ਼ਿੰਮੇਵਾਰੀ) ਚੱਟੀ ਨਹੀਂ ਜਾਪਦੀ।
11130	253	ਨਾਨਕ ਜੋ ਪ੍ਰਭ ਭਾਣਿਆ ਪੂਰੀ ਤਿਨਾ ਪਰੀ॥੧੮॥		Naanak Jo Prabh Bhaaniaa Pooree Thinaa Paree ||18||	O Nanak, those who are pleasing to God become perfectly successful. ||18||	ਹੇ ਨਾਨਕ! ਜੇਹੜੇ ਮਨੁੱਖ ਪ੍ਰਭੂ ਨੂੰ ਚੰਗੇ ਲਗਦੇ ਹਨ, (ਜੀਵਨ-ਵਣਜ ਵਿਚ) ਉਹ ਕਾਮਯਾਬ ਹੋ ਜਾਂਦੇ ਹਨ ॥੧੮॥
11131	254	ਸਲੋਕੁ॥		Salok ||	Shalok:	
11132	254	ਗਨਿ ਮਿਨਿ ਦੇਖਹੁ ਮਨੈ ਮਾਹਿ ਸਰਪਰ ਚਲਨੋ ਲੋਗ॥		Gan Min Dhaekhahu Manai Maahi Sarapar Chalano Log ||	See, that even by calculating and scheming in their minds, people must surely depart in the end.	(ਹੇ ਭਾਈ!) ਮਨ ਵਿਚ ਚੰਗੀ ਤਰ੍ਹਾਂ ਵਿਚਾਰ ਕੇ ਵੇਖ ਲਵੋ, ਸਾਰਾ ਜਗਤ ਜ਼ਰੂਰ (ਆਪੋ ਆਪਣੀ ਵਾਰੀ ਇਥੋਂ) ਤੁਰ ਜਾਇਗਾ (ਫਿਰ ਨਾਸਵੰਤ ਦੀਆਂ ਆਸਾਂ ਕਿਉਂ?)
11133	254	ਆਸ ਅਨਿਤ ਗੁਰਮੁਖਿ ਮਿਟੈ ਨਾਨਕ ਨਾਮ ਅਰੋਗ॥੧॥	ਅ-ਨਿੱਤ	Aas Anith Guramukh Mittai Naanak Naam Arog ||1||	Hopes and desires for transitory things are erased for the Gurmukh; O Nanak, the Name alone brings true health. ||1||	ਹੇ ਨਾਨਕ! ਪ੍ਰਭੂ ਦਾ ਨਾਮ ਮਨੁੱਖ ਦੇ ਮਨ ਨੂੰ (ਆਸਾਂ ਆਦਿਕ ਦੇ) ਰੋਗ ਤੋਂ ਬਚਾ ਲੈਂਦਾ ਹੈ, ਗੁਰੂ ਦੀ ਸਰਨ ਪਿਆਂ ਨਾਸ-ਵੰਤ ਪਦਾਰਥਾਂ ਦੀ ਆਸ ਮਿਟ ਜਾਂਦੀ ਹੈ ॥੧॥
11134	254	ਪਉੜੀ॥		Pourree ||	Pauree:	ਪਉੜੀ

11135	254	ਗਗਾ ਗੋਬਿਦ ਗੁਣ ਰਵਹੁ ਸਾਸਿ ਸਾਸਿ ਜਪਿ ਨੀਤ॥		Gagaa Gobidh Gun Ravahu Saas Saas Jap Neeth ||	GAGGA: Chant the Glorious Praises of the Lord of the Universe with each and every breath; meditate on Him forever.	(ਹੇ ਮਿੱਤਰ!) ਸੁਆਸ ਸੁਆਸ ਸਦਾ ਗੋਬਿੰਦ ਦਾ ਨਾਮ ਜਪੋ, ਪ੍ਰਭੂ ਦੇ ਗੁਣ ਚੇਤੇ ਕਰਦੇ ਰਹੋ,
11136	254	ਕਹਾ ਬਿਸਾਸਾ ਦੇਹ ਕਾ ਬਿਲਮ ਨ ਕਰਿਹੋ ਮੀਤ॥		Kehaa Bisaasaa Dhaeh Kaa Bilam N Kariho Meeth ||	How can you rely on the body? Do not delay, my friend;	(ਵੇਖਣਾ) ਢਿੱਲ ਨ ਕਰਨੀ, ਇਸ ਸਰੀਰ ਦਾ ਕੋਈ ਭਰਵਾਸਾ ਨਹੀਂ।
11137	254	ਨਹ ਬਾਰਿਕ ਨਹ ਜੋਬਨੈ ਨਹ ਬਿਰਧੀ ਕਛੁ ਬੰਧੁ॥		Neh Baarik Neh Jobanai Neh Biradhhee Kashh Bandhh ||	There is nothing to stand in Death's way - neither in childhood, nor in youth, nor in old age.	ਬਾਲਪਨ ਹੋਵੇ, ਜੁਆਨੀ ਹੋਵੇ ਬੁਢੇਪਾ ਹੋਵੇ (ਮੌਤ ਨੂੰ ਆਉਣ ਤੋਂ ਕਿਸੇ ਵੇਲੇ ਭੀ) ਕੋਈ ਰੁਕਾਵਟ ਨਹੀਂ ਹੈ।
11138	254	ਓਹ ਬੇਰਾ ਨਹ ਬੂਝੀਐ ਜਉ ਆਇ ਪਰੈ ਜਮ ਫੰਧੁ॥	ਬੂੱਝੀਐ	Ouh Baeraa Neh Boojheeai Jo Aae Parai Jam Fandhh ||	That time is not known, when the noose of Death shall come and fall on you.	ਉਸ ਵੇਲੇ ਦਾ ਪਤਾ ਨਹੀਂ ਲੱਗ ਸਕਦਾ, ਜਦੋਂ ਜਮ ਦਾ ਰੱਸਾ (ਗਲ ਵਿਚ) ਆ ਪੈਂਦਾ ਹੈ।
11139	254	ਗਿਆਨੀ ਧਿਆਨੀ ਚਤੁਰ ਪੇਖਿ ਰਹਨੁ ਨਹੀ ਇਹ ਠਾਇ॥		Giaanee Dhhiaanee Chathur Paekh Rehan Nehee Eih Thaae ||	See, that even spiritual scholars, those who meditate, and those who are clever shall not stay in this place.	ਵੇਖੋ! ਗਿਆਨਵਾਨ ਹੋਣ, ਸੁਰਤ ਜੋੜਨ ਵਾਲੇ ਹੋਣ, ਸਿਆਣੇ ਹੋਣ, ਕਿਸੇ ਨੇ ਭੀ ਇਸ ਥਾਂ ਸਦਾ ਟਿਕੇ ਨਹੀਂ ਰਹਿਣਾ।

11140	254	ਛਾਡਿ ਛਾਡਿ ਸਗਲੀ ਗਈ ਮੂੜ ਤਹਾ ਲਪਟਾਹਿ॥		Shhaadd Shhaadd Sagalee Gee Moorr Thehaa Lapattaahi ||	Only the fool clings to that, which everyone else has abandoned and left behind.	ਮੂਰਖ ਹੀ ਉਹਨਾਂ ਪਦਾਰਥਾਂ ਨੂੰ ਜੱਫਾ ਮਾਰਦੇ ਹਨ ਜਿਨ੍ਹਾਂ ਨੂੰ (ਆਪੋ ਆਪਣੀ ਵਾਰੀ) ਸਾਰੀ ਲੋਕਾਈ ਛੱਡ ਗਈ।
11141	254	ਗੁਰ ਪ੍ਰਸਾਦਿ ਸਿਮਰਤ ਰਹੈ ਜਾਹੂ ਮਸਤਕਿ ਭਾਗ॥		Gur Prasaadh Simarath Rehai Jaahoo Masathak Bhaag ||	By Guru's Grace, one who has such good destiny written on his forehead remembers the Lord in meditation.	ਜਿਸ ਮਨੁੱਖ ਦੇ ਮੱਥੇ ਉਤੇ ਭਾਗਾਂ ਦਾ ਲੇਖ ਉੱਘੜੇ, ਉਹ ਗੁਰੂ ਦੀ ਕਿਰਪਾ ਨਾਲ ਸਦਾ ਪ੍ਰਭੂ ਦਾ ਨਾਮ ਸਿਮਰਦਾ ਰਹਿੰਦਾ ਹੈ।
11142	254	ਨਾਨਕ ਆਏ ਸਫਲ ਤੇ ਜਾ ਕਉ ਪ੍ਰਿਅਹਿ ਸੁਹਾਗ॥੧੯॥		Naanak Aaeae Safal Thae Jaa Ko Priahi Suhaag ||19||	O Nanak, blessed and fruitful is the coming of those who obtain the Beloved Lord as their Husband. ||19||	ਹੇ ਨਾਨਕ! ਜਿਨ੍ਹਾਂ ਨੂੰ ਪਿਆਰੇ ਪ੍ਰਭੂ ਦਾ ਸੁਹਾਗ (ਖਸਮਾਨਾ) ਨਸੀਬ ਹੈ, ਉਹਨਾਂ ਦਾ ਹੀ ਜਗਤ ਵਿਚ ਆਉਣਾ ਮੁਬਾਰਿਕ ਹੈ ॥੧੯॥
11143	254	ਸਲੋਕੁ॥		Salok ||	Shalok:	
11144	254	ਘੋਖੇ ਸਾਸਤ੍ਰ ਬੇਦ ਸਭ ਆਨ ਨ ਕਥਤਉ ਕੋਇ॥	ਕਥ-ਤਉ: ਪੋਲਾ ਬੋਲੋ	Ghokhae Saasathr Baedh Sabh Aan N Kathhatho Koe ||	I have searched all the Shaastras and the Vedas, and they say nothing except this:	ਸਾਰੇ ਵੇਦ ਸ਼ਾਸਤ੍ਰ ਵਿਚਾਰ ਵੇਖੇ ਹਨ, ਇਹਨਾਂ ਵਿਚੋਂ ਕੋਈ ਭੀ ਇਹ ਨਹੀਂ ਆਖਦਾ ਕਿ ਪਰਮਾਤਮਾ ਤੋਂ ਬਿਨਾ ਕੋਈ ਹੋਰ ਭੀ ਸਦਾ-ਥਿਰ ਰਹਿਣ ਵਾਲਾ ਹੈ।

11145	254	ਆਦਿ ਜੁਗਾਦੀ ਹੁਣਿ ਹੋਵਤ ਨਾਨਕ ਏਕੈ ਸੋਇ॥੧॥	ਜੁੱਗਾਦੀ	Aadh Jugaadhee Hun Hovath Naanak Eaekai Soe ||1||	"In the beginning, throughout the ages, now and forevermore, O Nanak, the One Lord alone exists."||1||	ਹੇ ਨਾਨਕ! ਇਕ ਪਰਮਾਤਮਾ ਹੀ ਹੈ ਜੋ ਜਗਤ ਦੇ ਸ਼ੁਰੂ ਤੋਂ ਹੈ, ਜੁਗਾਂ ਦੇ ਸ਼ੁਰੂ ਤੋਂ ਹੈ, ਹੁਣ ਭੀ ਹੈ ਤੇ ਅਗਾਂਹ ਨੂੰ ਭੀ ਰਹੇਗਾ ॥੧॥
11146	254	ਪਉੜੀ॥		Pourree ||	Pauree:	ਪਉੜੀ
11147	254	ਘਘਾ ਘਾਲਹੁ ਮਨਹਿ ਏਹ ਬਿਨੁ ਹਰਿ ਦੂਸਰ ਨਾਹਿ॥	ਘੱਗਾ	Ghaghaa Ghaalahu Manehi Eaeh Bin Har Dhoosar Naahi ||	GHAGHA: Put this into your mind, that there is no one except the Lord.	(ਹੇ ਭਾਈ!) ਆਪਣੇ ਮਨ ਵਿਚ ਪੱਕ ਕਰ ਲਵੋ ਕਿ ਪ੍ਰਭੂ ਤੋਂ ਬਿਨਾ ਕੋਈ ਹੋਰ ਸਦਾ-ਥਿਰ ਨਹੀਂ ਹੈ,
11148	254	ਨਹ ਹੋਆ ਨਹ ਹੋਵਨਾ ਜਤ ਕਤ ਓਹੀ ਸਮਾਹਿ॥		Neh Hoaa Neh Hovanaa Jath Kath Ouhee Samaahi ||	There never was, and there never shall be. He is pervading everywhere.	ਨਾਹ ਕੋਈ ਹੁਣ ਤਕ ਹੋਇਆ ਨਾਹ ਹੋਵੇਗਾ। ਹਰ ਥਾਂ ਉਹ ਪ੍ਰਭੂ ਹੀ ਮੌਜੂਦ ਹੈ।
11149	254	ਘੂਲਹਿ ਤਉ ਮਨ ਜਉ ਆਵਹਿ ਸਰਨਾ॥	(ਘੂਲਹਿ) ਸ਼ਾਂਤ ਹੋਵੇ	Ghoolehi Tho Man Jo Aavehi Saranaa ||	You shall be absorbed into Him, O mind, if you come to His Sanctuary.	ਹੇ ਮਨ! ਜੇ ਤੂੰ ਉਸ ਸਦਾ-ਥਿਰ ਹਰੀ ਦੀ ਸਰਨ ਪਏਂ, ਤਾਂ ਹੀ ਰਸ ਮਾਣੇਂਗਾ।
11150	254	ਨਾਮ ਤਤੁ ਕਲਿ ਮਹਿ ਪੁਨਹਚਰਨਾ॥	(ਪੁਨਹ-ਚਰਨਾ) ਪਰਮਪਵਿੱਤ੍ਰ ਕਰਮ	Naam Thath Kal Mehi Punehacharanaa ||	In this Dark Age of Kali Yuga, only the Naam, the Name of the Lord, shall be of any real use to you.	ਇਸ ਮਨੁੱਖਾ ਜਨਮ ਵਿਚ ਇਕ ਪ੍ਰਭੂ ਦਾ ਨਾਮ ਹੀ ਹੈ ਜੋ ਕੀਤੇ ਵਿਕਾਰਾਂ ਦਾ ਪ੍ਰਭਾਵ ਮਿਟਾ ਸਕਦਾ ਹੈ।

11151	254	ਘਾਲਿ ਘਾਲਿ ਅਨਿਕ ਪਛੁਤਾਵਹਿ॥		Ghaal Ghaal Anik Pashhuthaavehi ||	So many work and slave continually, but they come to regret and repent in the end.	ਅਨੇਕਾਂ ਹੀ ਬੰਦੇ (ਹਰੀ-ਸਿਮਰਨ ਤੋਂ ਬਿਨਾ) ਹੋਰ ਹੋਰ ਘਾਲਣਾ ਘਾਲ ਕੇ ਆਖ਼ਰ ਪਛੁਤਾਂਦੇ ਹੀ ਹਨ।
11152	254	ਬਿਨੁ ਹਰਿ ਭਗਤਿ ਕਹਾ ਥਿਤਿ ਪਾਵਹਿ॥	(ਥਿਤਿ) ਟਿਕਾਉ	Bin Har Bhagath Kehaa Thhith Paavehi ||	Without devotional worship of the Lord, how can they find stability?	ਪਰਮਾਤਮਾ ਦੀ ਭਗਤੀ ਤੋਂ ਬਿਨਾ ਹੋਰ ਕਿਤੇ ਭੀ ਮਨ ਨੂੰ ਸ਼ਾਂਤੀ ਨਹੀਂ ਮਿਲਦੀ।
11153	254	ਘੋਲਿ ਮਹਾ ਰਸੁ ਅੰਮ੍ਰਿਤੁ ਤਿਹ ਪੀਆ॥		Ghol Mehaa Ras Anmrith Thih Peeaa ||	They alone taste the supreme essence, and drink in the Ambrosial Nectar,	ਉਸ ਨੇ ਮਹਾ ਰਸ ਵਾਲਾ (ਅਤਿ ਸੁਆਦਲਾ) ਨਾਮ ਅੰਮ੍ਰਿਤ ਘੋਲ ਕੇ ਪੀ ਲਿਆ (ਭਾਵ, ਉਸ ਨੇ ਬੜੇ ਪ੍ਰੇਮ ਨਾਲ ਨਾਮ ਜਪਿਆ ਜਿਸ ਵਿਚੋਂ ਅਜੇਹਾ ਸੁਆਦ ਆਇਆ ਜਿਵੇਂ ਕਿਸੇ ਅੱਤ ਮਿੱਠੇ ਸ਼ਰਬਤ ਆਦਿਕ ਵਿਚੋਂ)
11154	254	ਨਾਨਕ ਹਰਿ ਗੁਰਿ ਜਾ ਕਉ ਦੀਆ॥੨੦॥		Naanak Har Gur Jaa Ko Dheeaa ||20||	O Nanak, unto whom the Lord, the Guru, gives it. ||20||	ਹੇ ਨਾਨਕ! ਜਿਸ ਨੂੰ ਗੁਰੂ ਨੇ ਹਰੀ-ਨਾਮ ਦੀ ਦਾਤ ਦੇ ਦਿੱਤੀ ॥੨੦॥
11155	254	ਸਲੋਕੁ॥		Salok ||	Shalok:	

11156	254	ਛਣਿ ਘਾਲੇ ਸਭ ਦਿਵਸ ਸਾਸ ਨਹ ਬਢਨ ਘਟਨ ਤਿਲੁ ਸਾਰੁ॥	(ਛਣਿ) ਗਿਣਕੇ। (ਘੱਾਲੇ) ਭੇਜੇ	N(g)an Ghaalae Sabh Dhivas Saas Neh Badtan Ghattan Thil Saar ||	He has counted all the days and the breaths, and placed them in people's destiny; they do not increase or decrease one little bit.	(ਜੀਵ ਦੀ ਉਮਰ ਦੇ) ਸਾਰੇ ਦਿਨ ਸੁਆਸ ਗਿਣ ਕੇ ਹੀ (ਜੀਵ ਨੂੰ ਜਗਤ ਵਿਚ) ਭੇਜਦਾ ਹੈ, (ਉਸ ਗਿਣਤੀ ਨਾਲੋਂ) ਇਕ ਤਿਲ ਜਿਤਨਾ ਭੀ ਵਧਾ ਘਟਾ ਨਹੀਂ ਹੁੰਦਾ।
11157	254	ਜੀਵਨ ਲੋਰਹਿ ਭਰਮ ਮੋਹ ਨਾਨਕ ਤੇਊ ਗਵਾਰ॥੧॥		Jeevan Lorehi Bharam Moh Naanak Thaeoo Gavaar ||1||	Those who long to live in doubt and emotional attachment, O Nanak, are total fools. ||1||	ਹੇ ਨਾਨਕ! ਉਹ ਬੰਦੇ ਮੂਰਖ ਹਨ ਜੋ ਮੋਹ ਦੀ ਭਟਕਣਾ ਵਿਚ ਪੈ ਕੇ (ਪ੍ਰਭੂ ਵਲੋਂ ਮਿਲੀ ਉਮਰ ਨਾਲੋਂ ਵਧੀਕ) ਜੀਊਣਾ ਲੋੜਦੇ ਹਨ ॥੧॥
11158	254	ਪਉੜੀ॥		Pourree ||	Pauree:	ਪਉੜੀ
11159	254	ਙੰਙਾ ਙ੍ਰਾਸੈ ਕਾਲੁ ਤਿਹ ਜੋ ਸਾਕਤ ਪ੍ਰਭਿ ਕੀਨ॥		N(g)ann(g)aa N(g)raasai Kaal Thih Jo Saakath Prabh Keen ||	NGANGA: Death seizes those whom God has made into faithless cynics.	ਮੌਤ ਦਾ ਡਰ ਉਹਨਾਂ ਬੰਦਿਆਂ ਨੂੰ ਗ੍ਰਸਦਾ ਹੈ ਜਿਨ੍ਹਾਂ ਨੂੰ ਪ੍ਰਭੂ ਨੇ ਆਪਣੇ ਨਾਲੋਂ ਵਿਛੋੜ ਦਿੱਤਾ ਹੈ,
11160	254	ਅਨਿਕ ਜੋਨਿ ਜਨਮਹਿ ਮਰਹਿ ਆਤਮ ਰਾਮੁ ਨ ਚੀਨ॥		Anik Jon Janamehi Marehi Aatham Raam N Cheen ||	They are born and they die, enduring countless incarnations; they do not realize the Lord, the Supreme Soul.	ਉਹਨਾਂ ਨੇ ਵਿਆਪਕ ਪ੍ਰਭੂ ਨੂੰ ਨਾਹ ਪਛਾਣਿਆ, ਤੇ ਉਹ ਅਨੇਕਾਂ ਜੂਨਾਂ ਵਿਚ ਜੰਮਦੇ ਮਰਦੇ ਰਹਿੰਦੇ ਹਨ।
11161	254	ਞਿਆਨ ਧਿਆਨ ਤਾਹੂ ਕਉ ਆਏ॥		N(g)iaan Dhhiaan Thaahoo Ko Aaeae ||	They alone find spiritual wisdom and meditation,	(ਮੌਤ ਦਾ ਸਹਮ ਲਾਹ ਕੇ) ਪ੍ਰਭੂ ਨਾਲ ਸਾਂਝ ਉਹਨਾਂ ਨੇ ਹੀ ਪਾਈ, ਪ੍ਰਭੂ ਵਿਚ ਸੁਰਤ ਉਹਨਾਂ ਨੇ ਹੀ ਜੋੜੀ,

11162	254	ਕਰਿ ਕਿਰਪਾ ਜਿਹ ਆਪਿ ਦਿਵਾਏ॥		Kar Kirapaa Jih Aap Dhivaaeae ||	Whom the Lord blesses with His Mercy;	ਜਿਨ੍ਹਾਂ ਨੂੰ ਪ੍ਰਭੂ ਨੇ ਮਿਹਰ ਕਰ ਕੇ ਇਹ ਦਾਤ ਦਿੱਤੀ।
11163	254	ਝਣਤੀ ਝਣੀ ਨਹੀ ਕੋਊ ਛੂਟੈ॥		N(g)anathee N(g)anee Nehee Kooo Shhoottai ||	No one is emancipated by counting and calculating.	ਸੋਚਾਂ ਸੋਚਿਆਂ (ਇਸ ਹੋਣੀ ਤੋਂ) ਕੋਈ ਬੰਦਾ ਬਚ ਨਹੀਂ ਸਕਦਾ।
11164	254	ਕਾਚੀ ਗਾਗਰਿ ਸਰਪਰ ਫੂਟੈ॥		Kaachee Gaagar Sarapar Foottai ||	The vessel of clay shall surely break.	(ਇਹ ਸਰੀਰ) ਕੱਚਾ ਘੜਾ ਹੈ ਇਸ ਨੇ ਜ਼ਰੂਰ ਟੁੱਟਣਾ ਹੈ।
11165	254	ਸੋ ਜੀਵਤ ਜਿਹ ਜੀਵਤ ਜਪਿਆ॥		So Jeevath Jih Jeevath Japiaa ||	They alone live, who, while alive, meditate on the Lord.	(ਕੋਈ ਲੰਮੀ ਉਮਰ ਜੀਊ ਗਿਆ, ਕੋਈ ਥੋੜੀ) ਉਸੇ ਨੂੰ ਹੀ ਜੀਊਂਦਾ ਸਮਝੋ ਜਿਸ ਨੇ ਜੀਊਂਦੇ ਪਰਮਾਤਮਾ ਦਾ ਸਿਮਰਨ ਕੀਤਾ ਹੈ,
11166	254	ਪ੍ਰਗਟ ਭਏ ਨਾਨਕ ਨਹ ਛਪਿਆ॥੨੧॥		Pragatt Bheae Naanak Neh Shhapiaa ||21||	They are respected, O Nanak, and do not remain hidden. ||21||	ਹੇ ਨਾਨਕ! ਸਿਮਰਨ ਕਰਨ ਵਾਲਾ ਮਨੁੱਖ ਲੁਕਿਆ ਨਹੀਂ ਰਹਿੰਦਾ, ਜਗਤ ਵਿਚ ਨਾਮਣਾ ਭੀ ਖੱਟਦਾ ਹੈ ॥੨੧॥
11167	254	ਸਲੋਕੁ॥		Salok ||	Shalok:	
11168	254	ਚਿਤਿ ਚਿਤਵਉ ਚਰਣਾਰਬਿੰਦ ਊਧ ਕਵਲ ਬਿਗਸਾਂਤ॥		Chith Chithavo Charanaarabindh Oodhh Kaval Bigasaanth ||	Focus your consciousness on His Lotus Feet, and the inverted lotus of your heart shall blossom forth.	(ਮੈਂ ਤਾਂ ਆਪਣੇ) ਚਿਤ ਵਿਚ ਪ੍ਰਭੂ ਦੇ ਸੋਹਣੇ ਚਰਨ ਟਿਕਾਂਦਾ ਹਾਂ (ਜੋ ਜੀਵ ਇਹ ਕੰਮ ਕਰਦਾ ਹੈ ਉਸ ਦਾ ਮਾਇਆ ਵਾਲੇ ਪਾਸੇ) ਉਲਟਿਆ ਮਨ ਕੌਲ ਫੁੱਲ ਵਾਂਗ ਖਿੜ ਪੈਂਦਾ ਹੈ।

11169	254	ਪ੍ਰਗਟ ਭਏ ਆਪਹਿ ਗੋਬਿੰਦ ਨਾਨਕ ਸੰਤ ਮਤਾਂਤ॥੧॥	(ਮਤਾਂਤ) ਉਪਦੇਸ਼	Pragatt Bheae Aapehi Guobindh Naanak Santh Mathaanth ||1||	The Lord of the Universe Himself becomes manifest, O Nanak, through the Teachings of the Saints. ||1||	ਹੇ ਨਾਨਕ! ਗੁਰੂ ਦੀ ਸਿੱਖਿਆ ਨਾਲ ਗੋਬਿੰਦ ਆਪ ਹੀ ਉਸ ਹਿਰਦੇ ਵਿਚ ਆ ਪਰਗਟਦਾ ਹੈ ॥੧॥
11170	254	ਪਉੜੀ॥		Pourree ||	Pauree:	ਪਉੜੀ
11171	254	ਚਚਾ ਚਰਨਕਮਲ ਗੁਰ ਲਾਗਾ॥		Chachaa Charan Kamal Gur Laagaa ||	CHACHA: Blessed blessed is that day when	ਜਦੋਂ (ਕਿਸੇ ਜੀਵ ਦਾ ਮੱਥਾ) ਗੁਰੂ ਦੇ ਸੋਹਣੇ ਚਰਨਾਂ ਤੇ ਲੱਗੇ,
11172	254	ਧਨਿ ਧਨਿ ਉਆ ਦਿਨ ਸੰਜੋਗ ਸਭਾਗਾ॥		Dhhan Dhhan Ouaa Dhin Sanjog Sabhaagaa ||	I became attached to the Lord's Lotus Feet.	ਉਹ ਦਿਨ ਭਾਗਾਂ ਵਾਲੇ, ਉਹ ਸਮਾ ਭਾਗਾਂ ਵਾਲਾ ਸਮਝੋ।
11173	254	ਚਾਰਿ ਕੁੰਟ ਦਹ ਦਿਸਿ ਭ੍ਰਮਿ ਆਇਓ॥		Chaar Kuntt Dheh Dhis Bhram Aaeiou ||	After wandering around in the four quarters and the ten directions,	(ਪ੍ਰਭੂ ਦੀ ਦੀਦਾਰ ਦੀ ਖ਼ਾਤਰ, ਜੀਵ) ਚੌਹੀਂ ਤਰਫ਼ੀਂ ਦਸੀਂ ਪਾਸੀਂ ਭੀ ਭਟਕ ਆਵੇ (ਤਦ ਭੀ ਸਫਲਤਾ ਨਹੀਂ ਹੁੰਦੀ।)
11174	254	ਭਈ ਕ੍ਰਿਪਾ ਤਬ ਦਰਸਨੁ ਪਾਇਓ॥		Bhee Kirapaa Thab Dharasan Paaeiou ||	God showed His Mercy to me, and then I obtained the Blessed Vision of His Darshan.	ਦੀਦਾਰ ਤਦੋਂ ਹੀ ਹੁੰਦਾ ਹੈ, ਜਦੋਂ ਉਸ ਦੀ ਮਿਹਰ ਹੋਵੇ। (ਤੇ ਮਿਹਰ ਹੋਇਆਂ ਗੁਰੂ ਦੀ ਸੰਗਤਿ ਮਿਲਦੀ ਹੈ)।
11175	254	ਚਾਰ ਬਿਚਾਰ ਬਿਨਸਿਓ ਸਭ ਦੂਆ॥		Chaar Bichaar Binasiou Sabh Dhooaa ||	By pure lifestyle and meditation, all duality is removed.	ਵਿਚਾਰ ਸੁਅੱਛ ਹੋ ਜਾਂਦੇ ਹਨ, ਮਾਇਆ ਦਾ ਪਿਆਰ ਸਾਰਾ ਹੀ ਮੁੱਕ ਜਾਂਦਾ ਹੈ।

11176	254	ਸਾਧਸੰਗਿ ਮਨੁ ਨਿਰਮਲ ਹੂਆ॥		Saadhhasang Man Niramal Hooaa ||	In the Saadh Sangat, the Company of the Holy, the mind becomes immaculate.	ਗੁਰੂ ਦੀ ਸੰਗਤਿ ਵਿਚ ਮਨ ਪਵਿਤ੍ਰ ਹੋ ਜਾਂਦਾ ਹੈ।
11177	254	ਚਿੰਤ ਬਿਸਾਰੀ ਏਕ ਦ੍ਰਿਸਟੇਤਾ॥		Chinth Bisaaree Eaek Dhrisattaethaa ||	Anxieties are forgotten, and the One Lord alone is seen,	ਉਸ ਨੂੰ (ਹਰ ਥਾਂ) ਇਕ ਪਰਮਾਤਮਾ ਦਾ ਹੀ ਦਰਸਨ ਹੁੰਦਾ ਹੈ, ਉਹ ਹੋਰ ਸਾਰੀਆਂ ਚਿਤਵਨੀਆਂ ਵਿਸਾਰ ਦੇਂਦਾ ਹੈ (ਤੇ ਇਕ ਪਰਮਾਤਮਾ ਦਾ ਹੀ ਚਿਤਵਨ ਕਰਦਾ ਹੈ),
11178	254	ਨਾਨਕ ਗਿਆਨ ਅੰਜਨੁ ਜਿਹ ਨੇਤ੍ਰਾ॥੨੨॥	(ਅੰਜਨੁ) ਸੁਰਮਾ	Naanak Giaan Anjan Jih Naethraa ||22||	O Nanak, by those whose eyes are anointed with the ointment of spiritual wisdom. ||22||	ਹੇ ਨਾਨਕ! ਜਿਸ ਦੀਆਂ ਅੱਖਾਂ ਵਿਚ (ਗੁਰੂ ਦੀ ਬਖ਼ਸ਼ੀ) ਸੂਝ ਦਾ ਸੁਰਮਾ ਪੈਂਦਾ ਹੈ ॥੨੨॥
11179	254	ਸਲੋਕੁ॥		Salok ||	Shalok:	
11180	254	ਛਾਤੀ ਸੀਤਲ ਮਨੁ ਸੁਖੀ ਛੰਤ ਗੋਬਿਦ ਗੁਨ ਗਾਇ॥	(ਛੰਤ) ਜਸ	Shhaathee Seethal Man Sukhee Shhanth Gobidh Gun Gaae ||	The heart is cooled and soothed, and the mind is at peace, chanting and singing the Glorious Praises of the Lord of the Universe.	ਤੇਰੀ ਸਿਫ਼ਤ-ਸਾਲਾਹ ਦੀ ਬਾਣੀ ਗਾ ਕੇ ਮੇਰੇ ਦਿਲ ਵਿਚ ਠੰਡ ਪੈ ਜਾਏ, ਮੇਰਾ ਮਨ ਸੁਖੀ ਹੋ ਜਾਏ,
11181	254	ਐਸੀ ਕਿਰਪਾ ਕਰਹੁ ਪ੍ਰਭ ਨਾਨਕ ਦਾਸ ਦਸਾਇ॥੧॥		Aisee Kirapaa Karahu Prabh Naanak Dhaas Dhasaae ||1||	Show such Mercy, O God, that Nanak may become the slave of Your slaves. ||1||	ਹੇ ਪ੍ਰਭੂ! ਮੇਰੇ ਤੇ ਅਜੇਹੀ ਮਿਹਰ ਕਰ। ਹੇ ਨਾਨਕ! (ਆਖ-) ਹੇ ਪ੍ਰਭੂ! ਮੈਂ ਤੇਰੇ ਦਾਸਾਂ ਦਾ ਦਾਸ ਹਾਂ ॥੧॥
11182	254	ਪਉੜੀ॥		Pourree ||	Pauree:	ਪਉੜੀ

11183	254	ਛਛਾ ਛੋਹਰੇ ਦਾਸ ਤੁਮਾਰੇ॥		Shhashhaa Shhoharae Dhaas Thumaarae ||	CHHACHHA: I am Your child-slave.	ਮੈਂ ਤੇਰਾ ਦਾਸ ਹਾਂ, ਤੇਰਾ ਬੱਚਾ ਹਾਂ (ਮਿਹਰ ਕਰ)
11184	254	ਦਾਸ ਦਾਸਨ ਕੇ ਪਾਨੀਹਾਰੇ॥		Dhaas Dhaasan Kae Paaneehaarae ||	I am the water-carrier of the slave of Your slaves.	ਤੇਰੇ ਦਾਸਾਂ ਦੇ ਦਾਸਾਂ ਦਾ ਮੈਂ ਪਾਣੀ ਭਰਨ ਵਾਲਾ ਬਣਾਂ (ਉਹਨਾਂ ਦੀ ਸੇਵਾ ਵਿਚ ਮੈਨੂੰ ਆਨੰਦ ਪ੍ਰਤੀਤ ਹੋਵੇ)।
11185	254	ਛਛਾ ਛਾਰੁ ਹੋਤ ਤੇਰੇ ਸੰਤਾ॥		Shhashhaa Shhaar Hoth Thaerae Santhaa ||	Chhachha: I long to become the dust under the feet of Your Saints.	ਮੈਂ ਤੇਰੇ ਸੰਤ ਜਨਾਂ ਦੀ ਚਰਨ-ਧੂੜ ਹੋ ਜਾਵਾਂ,
11186	255	ਅਪਨੀ ਕ੍ਰਿਪਾ ਕਰਹੁ ਭਗਵੰਤਾ॥		Apanee Kirapaa Karahu Bhagavanthaa ||	Please shower me with Your Mercy, O Lord God!	ਹੇ ਭਗਵਾਨ! ਆਪਣੀ ਅਜਿਹੀ ਮਿਹਰ ਕਰ।
11187	255	ਛਾਡਿ ਸਿਆਨਪ ਬਹੁ ਚਤੁਰਾਈ॥		Shhaadd Siaanap Bahu Chathuraaee ||	I have given up my excessive cleverness and scheming,	ਹੇ ਮਨ! ਸਾਰੀ ਚਤੁਰਾਈ ਸਿਆਣਪ ਛੱਡ ਕੇ,
11188	255	ਸੰਤਨ ਕੀ ਮਨ ਟੇਕ ਟਿਕਾਈ॥		Santhan Kee Man Ttaek Ttikaaee ||	And I have taken the support of the Saints as my mind's support.	ਸੰਤ ਜਨਾਂ ਦਾ ਆਸਰਾ ਫੜ।
11189	255	ਛਾਰੁ ਕੀ ਪੁਤਰੀ ਪਰਮਗਤਿ ਪਾਈ॥	ਪੁਤਰੀ:ਪੋਲਾ ਬੋਲੋ। (ਪੁਤਰੀ) ਪੂਤਲੀ	Shhaar Kee Putharee Param Gath Paaee ||	Even a puppet of ashes attains the supreme status,	ਸੰਤ ਜਨ ਜਿਸ ਮਨੁੱਖ ਦੀ ਸਹਾਇਤਾ ਕਰਦੇ ਹਨ,
11190	255	ਨਾਨਕ ਜਾ ਕਉ ਸੰਤ ਸਹਾਈ॥੨੩॥		Naanak Jaa Ko Santh Sehaaee ||23||	O Nanak, if it has the help and support of the Saints. ||23||	ਹੇ ਨਾਨਕ! ਉਸ ਦਾ ਭੀ ਇਹ ਸਰੀਰ ਤਾਂ ਭਾਵੇਂ ਮਿੱਟੀ ਦਾ ਪੁਤਲਾ ਹੈ, ਪਰ ਇਸ ਵਿਚ ਉਹ ਉੱਚੀ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ ॥੨੩॥

11191	255	ਸਲੋਕੁ॥		Salok ||	Shalok:	
11192	255	ਜੋਰ ਜੁਲਮ ਫੂਲਹਿ ਘਨੋ ਕਾਚੀ ਦੇਹ ਬਿਕਾਰ॥		Jor Julam Foolehi Ghano Kaachee Dhaeh Bikaar ||	Practicing oppression and tyranny, he puffs himself up; he acts in corruption with his frail, perishable body.	ਜੇਹੜੇ ਬੰਦੇ ਦੂਜਿਆਂ ਉਤੇ ਧੱਕਾ ਜ਼ੁਲਮ ਕਰ ਕੇ ਬੜਾ ਮਾਣ ਕਰਦੇ ਹਨ, (ਸਰੀਰ ਤਾਂ ਉਹਨਾਂ ਦਾ ਭੀ ਨਾਸਵੰਤ ਹੈ) ਉਹਨਾਂ ਦਾ ਨਾਸਵੰਤ ਸਰੀਰ ਵਿਅਰਥ ਚਲਾ ਜਾਂਦਾ ਹੈ।
11193	255	ਅਹੰਬੁਧਿ ਬੰਧਨ ਪਰੇ ਨਾਨਕ ਨਾਮ ਛੁਟਾਰ॥੧॥		Ahanbudhh Bandhhan Parae Naanak Naam Shhuttaar ||1||	He is bound by his egotistical intellect; O Nanak, salvation comes only through the Naam, the Name of the Lord. ||1||	ਉਹ 'ਮੈਂ ਵੱਡਾ' 'ਮੈਂ ਵੱਡਾ' ਕਰਨ ਵਾਲੀ ਮਤਿ ਦੇ ਬੰਧਨਾਂ ਵਿਚ ਜਕੜੇ ਜਾਂਦੇ ਹਨ। ਹੇ ਨਾਨਕ! ਇਹਨਾਂ ਬੰਧਨਾਂ ਤੋਂ ਪ੍ਰਭੂ ਦਾ ਨਾਮ ਹੀ ਛੁਡਾ ਸਕਦਾ ਹੈ ॥੧॥
11194	255	ਪਉੜੀ॥		Pourree ||	Pauree:	ਪਉੜੀ
11195	255	ਜਜਾ ਜਾਨੈ ਹਉ ਕਛੁ ਹੂਆ॥		Jajaa Jaanai Ho Kashh Hooaa ||	JAJJA: When someone, in his ego, believes that he has become something,	ਜੋ ਮਨੁੱਖ ਇਹ ਸਮਝਣ ਲੱਗ ਪੈਂਦਾ ਹੈ ਕਿ ਮੈਂ ਵੱਡਾ ਬਣ ਗਿਆ ਹਾਂ,
11196	255	ਬਾਧਿਓ ਜਿਉ ਨਲਿਨੀ ਭ੍ਰਮਿ ਸੂਆ॥	(ਨਲਿ-ਨੀ)ਨਲੀ। (ਭ੍ਰਮਿ) ਭੁੱਲ ਕੇ। (ਸੂਆ) ਤੋਤਾ।ਬੱਧਿਓ	Baadhhiou Jio Nalinee Bhram Sooaa ||	He is caught in his error, like a parrot in a trap.	ਉਹ ਇਸ ਹਉਮੈ ਵਿਚ ਇਉਂ ਬੱਝ ਜਾਂਦਾ ਹੈ ਜਿਵੇਂ ਤੋਤਾ (ਚੋਗੇ ਦੇ) ਭੁਲੇਖੇ ਵਿਚ ਨਲਿਨੀ ਨਾਲ ਫੜਿਆ ਜਾਂਦਾ ਹੈ।
11197	255	ਜਉ ਜਾਨੈ ਹਉ ਭਗਤੁ ਗਿਆਨੀ॥		Jo Jaanai Ho Bhagath Giaanee ||	When he believes, in his ego, that he is a devotee and a spiritual teacher,	ਜਦੋਂ ਮਨੁੱਖ ਇਹ ਸਮਝਦਾ ਹੈ ਕਿ ਮੈਂ ਭਗਤ ਹੋ ਗਿਆ ਹਾਂ, ਮੈਂ ਗਿਆਨਵਾਨ ਬਣ ਗਿਆ ਹਾਂ,

11198	255	ਆਗੈ ਠਾਕੁਰਿ ਤਿਲੁ ਨਹੀ ਮਾਨੀ॥		Aagai Thaakur Thil Nehee Maanee ||	Then, in the world hereafter, the Lord of the Universe shall have no regard for him at all.	ਤਾਂ ਅਗਾਂਹ ਪ੍ਰਭੂ ਨੇ ਉਸ ਦੀ ਇਸ ਹਉਮੈ ਦਾ ਮੁੱਲ ਰਤਾ ਭੀ ਨਹੀਂ ਪਾਣਾ ਹੁੰਦਾ।
11199	255	ਜਉ ਜਾਨੈ ਮੈ ਕਥਨੀ ਕਰਤਾ॥		Jo Jaanai Mai Kathhanee Karathaa ||	When he believes himself to be a preacher,	ਜਦੋਂ ਮਨੁੱਖ ਇਹ ਸਮਝ ਲੈਂਦਾ ਹੈ ਕਿ ਮੈਂ ਚੰਗੇ ਧਾਰਮਿਕ ਵਖਿਆਨ ਕਰ ਲੈਂਦਾ ਹਾਂ,
11200	255	ਬਿਆਪਾਰੀ ਬਸੁਧਾ ਜਿਉ ਫਿਰਤਾ॥	ਬਸੁ-ਧਾ: ਪੋਲਾ ਬੋਲੋ	Biaapaaree Basudhhaa Jio Firathaa ||	He is merely a peddler wandering over the earth.	ਤਾਂ ਉਹ ਇਕ ਫੇਰੀ ਵਾਲੇ ਵਪਾਰੀ ਵਾਂਗ ਹੀ ਧਰਤੀ ਉਤੇ ਤੁਰਿਆ ਫਿਰਦਾ ਹੈ, (ਜਿਵੇਂ ਫੇਰੀ ਵਾਲਾ ਸੌਦਾ ਹੋਰਨਾਂ ਅਗੇ ਹੀ ਵੇਚਦਾ ਹੈ, ਤਿਵੇਂ ਇਹ ਭੀ ਆਪ ਕੋਈ ਆਤਮਕ ਲਾਭ ਨਹੀਂ ਖੱਟਦਾ)।
11201	255	ਸਾਧਸੰਗਿ ਜਿਹ ਹਉਮੈ ਮਾਰੀ॥		Saadhhasang Jih Houmai Maaree ||	But one who conquers his ego in the Company of the Holy,	ਜਿਸ ਮਨੁੱਖ ਨੇ ਸਾਧ ਸੰਗਤਿ ਵਿਚ ਜਾ ਕੇ ਆਪਣੀ ਹਉਮੈ ਦਾ ਨਾਸ ਕੀਤਾ ਹੈ,
11202	255	ਨਾਨਕ ਤਾ ਕਉ ਮਿਲੇ ਮੁਰਾਰੀ॥੨੪॥		Naanak Thaa Ko Milae Muraaree ||24||	O Nanak, meets the Lord. ||24||	ਹੇ ਨਾਨਕ! ਉਸੇ ਨੂੰ ਪਰਮਾਤਮਾ ਮਿਲਦਾ ਹੈ ॥੨੪॥
11203	255	ਸਲੋਕੁ॥		Salok ||	Shalok:	

11204	255	ਝਾਲਾਘੇ ਉਠਿ ਨਾਮੁ ਜਪਿ ਨਿਸਿ ਬਾਸੁਰ ਆਰਾਧਿ॥	(ਝਾਲਾ-ਘੇ) ਸਵੇਰੇ	Jhaalaaghae Outh Naam Jap Nis Baasur Aaraadhh ||	Rise early in the morning, and chant the Naam; worship and adore the Lord, night and day.	(ਹੇ ਭਾਈ!) ਅੰਮ੍ਰਿਤ ਵੇਲੇ ਉੱਠ ਕੇ ਪ੍ਰਭੂ ਦਾ ਨਾਮ ਜਪ (ਇਤਨਾ ਹੀ ਨਹੀਂ) ਦਿਨ ਰਾਤ (ਹਰ ਵੇਲੇ) ਯਾਦ ਕਰ।
11205	255	ਕਾਰ੍ਹਾ ਤੁਝੈ ਨ ਬਿਆਪਈ ਨਾਨਕ ਮਿਟੈ ਉਪਾਧਿ॥੧॥	(ਕਾਰ੍ਹਾ) ਚਿੰਤਾ। (ਉਪਾਧਿ) ਦੁੱਖ ਕਲੇਸ਼	Kaarhaa Thujhai N Biaapee Naanak Mittai Oupaadhh ||1||	Anxiety shall not afflict you, O Nanak, and your misfortune shall vanish. ||1||	ਕੋਈ ਚਿੰਤਾ-ਫ਼ਿਕਰ ਤੇਰੇ ਉਤੇ ਜ਼ੋਰ ਨਹੀਂ ਪਾ ਸਕੇਗਾ, ਹੇ ਨਾਨਕ! (ਆਖ) ਤੇਰੇ ਅੰਦਰੋਂ ਵੈਰ-ਵਿਰੋਧ ਝਗੜੇ ਵਾਲਾ ਸੁਭਾਉ ਹੀ ਮਿਟ ਜਾਇਗਾ ॥੧॥
11206	255	ਪਉੜੀ॥		Pourree ||	Pauree:	
11207	255	ਝਝਾ ਝੂਰਨੁ ਮਿਟੈ ਤੁਮਾਰੋ॥	ਝੱਝਾ	Jhajhaa Jhooran Mittai Thumaaro ||	JHAJHA: Your sorrows shall depart,	(ਹੇ ਵਣਜਾਰੇ ਜੀਵ!) ਤੇਰਾ (ਹਰ ਕਿਸਮ ਦਾ) ਚਿੰਤਾ-ਫ਼ਿਕਰ ਮਿਟ ਜਾਇਗਾ,
11208	255	ਰਾਮ ਨਾਮ ਸਿਉ ਕਰਿ ਬਿਉਹਾਰੋ॥		Raam Naam Sio Kar Biouhaaro ||	When you deal with the Lord's Name.	ਤੂੰ ਪਰਮਾਤਮਾ ਦੇ ਨਾਮ ਨਾਲ ਵਣਜ ਕਰ।
11209	255	ਝੂਰਤ ਝੂਰਤ ਸਾਕਤ ਮੂਆ॥		Jhoorath Jhoorath Saakath Mooaa ||	The faithless cynic dies in sorrow and pain;	ਪ੍ਰਭੂ ਨਾਲੋਂ ਵਿੱਛੁੜਿਆ ਬੰਦਾ ਚਿੰਤਾ-ਝੋਰਿਆਂ ਵਿਚ ਹੀ ਆਤਮਕ ਮੌਤੇ ਮਰਿਆ ਰਹਿੰਦਾ ਹੈ,
11210	255	ਜਾ ਕੈ ਰਿਦੈ ਹੋਤ ਭਾਉ ਬੀਆ॥	(ਬੀਆ) ਦੂਜਾ	Jaa Kai Ridhai Hoth Bhaao Beeaa ||	His heart is filled with the love of duality.	ਕਿਉਂਕਿ ਉਸ ਦੇ ਹਿਰਦੇ ਵਿਚ (ਪਰਮਾਤਮਾ ਨੂੰ ਵਿਸਾਰ ਕੇ) ਮਾਇਆ ਦਾ ਪਿਆਰ ਬਣਿਆ ਹੁੰਦਾ ਹੈ।
11211	255	ਝਰਹਿ ਕਸੰਮਲ ਪਾਪ ਤੇਰੇ ਮਨੂਆ॥	(ਕਸੰਮਲ) ਦੋਸ਼	Jharehi Kasanmal Paap Thaerae Manooaa ||	Your evil deeds and sins shall fall away, O my mind,	ਹੇ ਭਾਈ! ਤੇਰੇ ਮਨ ਵਿਚੋਂ ਸਾਰੇ ਪਾਪ ਵਿਕਾਰ ਝੜ ਜਾਣਗੇ,

11212	255	ਅੰਮ੍ਰਿਤ ਕਥਾ ਸੰਤਸੰਗਿ ਸੁਨੂਆ॥		Anmrith Kathhaa Santhasang Sunooaa ||	Listening to the ambrosial speech in the Society of the Saints.	ਸਤਸੰਗ ਵਿਚ ਜਾ ਕੇ ਪਰਮਾਤਮਾ ਦੀ ਆਤਮਕ ਜੀਵਨ ਦੇਣ ਵਾਲੀ ਸਿਫ਼ਤ-ਸਾਲਾਹ ਸੁਣ।
11213	255	ਝਰਹਿ ਕਾਮ ਕ੍ਰੋਧ ਦੂਸਟਾਈ॥		Jharehi Kaam Krodhh Dhraasattaaee ||	Sexual desire, anger and wickedness fall away,	ਉਸ ਮਨੁੱਖ ਦੇ ਕਾਮ ਕ੍ਰੋਧ ਆਦਿਕ ਸਾਰੇ ਵੈਰੀ ਨਾਸ ਹੋ ਜਾਂਦੇ ਹਨ
11214	255	ਨਾਨਕ ਜਾ ਕਉ ਕ੍ਰਿਪਾ ਗੁਸਾਈ॥੨੫॥		Naanak Jaa Ko Kirapaa Gusaaee ||25||	O Nanak, from those who are blessed by the Mercy of the Lord of the World. ||25||	ਹੇ ਨਾਨਕ! ਜਿਸ ਉਤੇ ਸ੍ਰਿਸ਼ਟੀ ਦਾ ਮਾਲਕ-ਪ੍ਰਭੂ ਮਿਹਰ ਕਰਦਾ ਹੈ (ਉਸ ਦੇ ਅੰਦਰ ਨਾਮ ਵੱਸਦਾ ਹੈ) ॥੨੫॥
11215	255	ਸਲੋਕੁ॥		Salok ||	Shalok:	
11216	255	ਵਤਨ ਕਰਹੁ ਤੁਮ ਅਨਿਕ ਬਿਧਿ ਰਹਨੁ ਨ ਪਾਵਹੁ ਮੀਤ॥	ਬਿਧਿ: ਪੋਲਾ ਬੋਲੋ	Njathan Karahu Thum Anik Bidhh Rehan N Paavahu Meeth ||	You can try all sorts of things, but you still cannot remain here, my friend.	ਹੇ ਮਿਤ੍ਰ! (ਬੇ-ਸ਼ਕ) ਅਨੇਕਾਂ ਤਰ੍ਹਾਂ ਦੇ ਜਤਨ ਤੁਸੀ ਕਰ ਵੇਖੋ, (ਇਥੇ ਸਦਾ ਲਈ) ਟਿਕੇ ਨਹੀਂ ਰਹਿ ਸਕਦੇ।
11217	255	ਜੀਵਤ ਰਹਹੁ ਹਰਿ ਹਰਿ ਭਜਹੁ ਨਾਨਕ ਨਾਮ ਪਰੀਤਿ॥੧॥	ਭਜਹੁ	Jeevath Rehahu Har Har Bhajahu Naanak Naam Pareeth ||1||	But you shall live forevermore, O Nanak, if you vibrate and love the Naam, the Name of the Lord, Har, Har. ||1||	ਹੇ ਨਾਨਕ! (ਆਖ-) ਜੇ ਪ੍ਰਭੂ ਦੇ ਨਾਮ ਨਾਲ ਪਿਆਰ ਪਾਵੋਗੇ, ਜੇ ਸਦਾ ਹਰੀ-ਨਾਮ ਸਿਮਰੋਗੇ, ਤਾਂ ਆਤਮਕ ਜੀਵਨ ਮਿਲੇਗਾ ॥੧॥
11218	255	ਪਵੜੀ॥		Pavarree ||	Pauree:	ਪਉੜੀ

11219	255	ਵੰਞਾ ਵਾਣਹੁ ਦ੍ਰਿੜੁ ਸਹੀ ਬਿਨਸਿ ਜਾਤ ਏਹ ਹੇਤ॥	ਵੰ ਖ਼ੂਬ ਨੱਕ ਚ ਬੋਲ, (ਹੇਤ) ਮੋਹ	Njannjaa Njaanahu Dhrirr Sehee Binas Jaath Eaeh Haeth ||	NYANYA: Know this as absolutely correct, that that this ordinary love shall come to an end.	(ਹੇ ਭਾਈ!) ਇਹ ਗੱਲ ਪੱਕੀ ਸਮਝ ਲਵੋ ਕਿ ਦੁਨੀਆ ਵਾਲੇ ਮੋਹ ਨਾਸ ਹੋ ਜਾਣਗੇ;
11220	255	ਗਣਤੀ ਗਣਉ ਨ ਗਣਿ ਸਕਉ ਊਠਿ ਸਿਧਾਰੇ ਕੇਤ॥	(ਸਿਧਾਰੇ) ਚਲੇ ਗਏ	Ganathee Gano N Gan Sako Ooth Sidhhaarae Kaeth ||	You may count and calculate as much as you want, but you cannot count how many have arisen and departed.	ਕਿਤਨੇ ਕੁ (ਜੀਵ ਜਗਤ ਤੋਂ) ਚਲੇ ਗਏ ਹਨ, ਇਹ ਗਿਣਤੀ ਨਾਹ ਮੈਂ ਕਰਦਾ ਹਾਂ, ਨਾਹ ਕਰ ਸਕਦਾ ਹਾਂ।
11221	255	ਵੋ ਪੇਖਉ ਸੋ ਬਿਨਸਤਉ ਕਾ ਸਿਉ ਕਰੀਐ ਸੰਗੁ॥	ਬਿਨਸ-ਤਉ	Njo Paekho So Binasatho Kaa Sio Kareeai Sang ||	Whoever I see shall perish. With whom should I associate?	ਜੋ ਕੁਝ ਮੈਂ (ਅੱਖੀਂ) ਵੇਖ ਰਿਹਾ ਹਾਂ, ਉਹ ਨਾਸਵੰਤ ਹੈ, (ਫਿਰ) ਪੀਡੀ ਪ੍ਰੀਤ ਕਿਸ ਦੇ ਨਾਲ ਪਾਈ ਜਾਏ?
11222	255	ਵਾਣਹੁ ਇਆ ਬਿਧਿ ਸਹੀ ਚਿਤ ਝੂਠਉ ਮਾਇਆ ਰੰਗੁ॥	ਬਿਧਿ: ਪੋਲਾ ਬੋਲੋ	Njaanahu Eiaa Bidhh Sehee Chith Jhootho Maaeiaa Rang ||	Know this as true in your consciousness, that the love of Maya is false.	ਹੇ ਮੇਰੇ ਚਿੱਤ! ਇਉਂ ਠੀਕ ਜਾਣ ਕਿ ਮਾਇਆ ਨਾਲ ਪਿਆਰ ਝੂਠਾ ਹੈ।
11223	255	ਵਾਣਤ ਸੋਈ ਸੰਤੁ ਸੁਇ ਭ੍ਰਮ ਤੇ ਕੀ ਚਿਤ ਭਿੰਨ॥	(ਦੂਜਾ ਪਾਠ: ਕੀਚਿਤ)	Njaanath Soee Santh Sue Bhram Thae Keechith Bhinn ||	He alone knows, and he alone is a Saint, who is free of doubt.	ਅਜੇਹੇ ਮਨੁੱਖ ਮਾਇਆ ਵਾਲੀ ਭਟਕਣਾ ਤੋਂ ਬਚ ਜਾਂਦੇ ਹਨ। ਇਹੋ ਜਿਹਾ ਬੰਦਾ ਹੀ ਸੰਤ ਹੈ, ਉਹ ਹੀ ਸਹੀ ਜੀਵਨ ਨੂੰ ਸਮਝਦਾ ਹੈ।

11224	255	ਅੰਧ ਕੂਪ ਤੇ ਤਿਹ ਕਢਹੁ ਜਿਹ ਹੋਵਹੁ ਸੁਪ੍ਰਸੰਨ॥	ਸੁਪ੍ਰਸੰਨ	Andhh Koop Thae Thih Kadtahu Jih Hovahu Suprasann ||	He is lifted up and out of the deep dark pit; the Lord is totally pleased with him.	(ਹੇ ਪ੍ਰਭੂ!) ਜਿਸ ਬੰਦੇ ਉਤੇ ਤੂੰ ਤੁੱਠਦਾ ਹੈਂ, ਉਸ ਨੂੰ ਮੋਹ ਦੇ ਅੰਨ੍ਹੇ ਹਨੇਰੇ ਖੂਹ ਵਿਚੋਂ ਤੂੰ ਕੱਢ ਲੈਂਦਾ ਹੈਂ।
11225	255	ਵਾ ਕੈ ਹਾਥਿ ਸਮਰਥ ਤੇ ਕਾਰਨ ਕਰਨੈ ਜੋਗ॥	ਸਮਰੱਥ। (ਤੇ) ਉਹ	Njaa Kai Haathh Samarathh Thae Kaaran Karanai Jog ||	God's Hand is All-powerful; He is the Creator, the Cause of causes.	ਜਿਸ ਦੇ ਹੱਥ ਵਿਚ ਹੀ ਇਹ ਕਰਨ ਦੀ ਸਮੱਰਥਾ ਹੈ, ਤੇ ਜੋ ਸਾਰੇ ਸਬਬ ਬਣਾਣ ਜੋਗਾ ਭੀ ਹੈ (ਇਹੀ ਇਕ ਤਰੀਕਾ ਹੈ, "ਮਾਇਆ ਰੰਗ" ਤੋਂ ਬਚੇ ਰਹਿਣ ਦਾ)
11226	255	ਨਾਨਕ ਤਿਹ ਉਸਤਤਿ ਕਰਉ ਵਾਹੂ ਕੀਓ ਸੰਜੋਗ॥੨੬॥		Naanak Thih Ousathath Karo Njaahoo Keeou Sanjog ||26||	O Nanak, praise the One, who joins us to Himself. ||26||	ਹੇ ਨਾਨਕ! (ਆਖ-) ਮੈਂ ਉਸ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹਾਂ ਜੋ (ਮਿਹਰ ਕਰ ਕੇ ਸਿਫ਼ਤ-ਸਾਲਾਹ ਕਰਨ ਦਾ ਇਹ) ਸਬਬ ਮੇਰੇ ਵਾਸਤੇ ਬਣਾਂਦਾ ਹੈ ॥੨੬॥
11227	255	ਸਲੋਕੁ॥		Salok ||	Shalok:	
11228	255	ਟੂਟੇ ਬੰਧਨ ਜਨਮ ਮਰਨ ਸਾਧ ਸੇਵ ਸੁਖੁ ਪਾਇ॥		Ttoottae Bandhhan Janam Maran Saadhh Saev Sukh Paae ||	The bondage of birth and death is broken and peace is obtained, by serving the Holy.	ਉਸ ਮਨੁੱਖ ਦੇ ਉਹ ਮੋਹ-ਬੰਧਨ ਟੁੱਟ ਜਾਂਦੇ ਹਨ ਜੋ ਜਨਮ ਮਰਨ ਦੇ ਗੇੜ ਵਿਚ ਪਾਂਦੇ ਹਨ, ਉਹ ਮਨੁੱਖ ਗੁਰੂ ਦੀ ਸੇਵਾ ਕਰ ਕੇ ਆਤਮਕ ਆਨੰਦ ਪ੍ਰਾਪਤ ਕਰਦਾ ਹੈ

11229	255	ਨਾਨਕ ਮਨਹੁ ਨ ਬੀਸਰੈ ਗੁਣ ਨਿਧਿ ਗੋਬਿਦ ਰਾਇ॥੧॥		Naanak Manahu N Beesarai Gun Nidhh Gobidh Raae ||1||	O Nanak, may I never forget from my mind, the Treasure of Virtue, the Sovereign Lord of the Universe. ||1||	ਹੇ ਨਾਨਕ! ਜਿਸ ਦੇ ਮਨ ਤੋਂ ਗੁਣਾਂ-ਦਾ-ਖ਼ਜ਼ਾਨਾ ਗੋਬਿੰਦ ਭੁੱਲਦਾ ਨਹੀਂ ਹੈ ॥੧॥
11230	255	ਪਉੜੀ॥		Pourree ||	Pauree:	ਪਉੜੀ
11231	255	ਟਹਲ ਕਰਹੁ ਤਉ ਏਕ ਕੀ ਜਾ ਤੇ ਬ੍ਰਿਥਾ ਨ ਕੋਇ॥		Ttehal Karahu Tho Eaek Kee Jaa Thae Brithhaa N Koe ||	Work for the One Lord; no one returns empty-handed from Him.	(ਹੇ ਭਾਈ!) ਸਿਰਫ਼ ਇਕ ਪਰਮਾਤਮਾ ਦੀ ਸੇਵਾ-ਭਗਤੀ ਕਰੋ ਜਿਸ ਦੇ ਦਰ ਤੋਂ ਕੋਈ (ਜਾਚਕ) ਖ਼ਾਲੀ ਨਹੀਂ ਜਾਂਦਾ।
11232	255	ਮਨਿ ਤਨਿ ਮੁਖਿ ਹੀਐ ਬਸੈ ਜੋ ਚਾਹਹੁ ਸੋ ਹੋਇ॥		Man Than Mukh Heeai Basai Jo Chaahahu So Hoe ||	When the Lord abides within your mind, body, mouth and heart, then whatever you desire shall come to pass.	ਜੇ ਤੁਹਾਡੇ ਮਨ ਵਿਚ ਤਨ ਵਿਚ ਮੂੰਹ ਵਿਚ ਹਿਰਦੇ ਵਿਚ ਪ੍ਰਭੂ ਵੱਸ ਪਏ, ਤਾਂ ਮੂੰਹ-ਮੰਗਿਆ ਪਦਾਰਥ ਮਿਲੇਗਾ।
11233	255	ਟਹਲ ਮਹਲ ਤਾ ਕਉ ਮਿਲੈ ਜਾ ਕਉ ਸਾਧ ਕ੍ਰਿਪਾਲ॥		Ttehal Mehal Thaa Ko Milai Jaa Ko Saadhh Kirapaal ||	He alone obtains the Lord's service, and the Mansion of His Presence, unto whom the Holy Saint is compassionate.	ਪਰ ਇਹ ਸੇਵਾ-ਭਗਤੀ ਦਾ ਮੌਕਾ ਉਸੇ ਨੂੰ ਮਿਲਦਾ ਹੈ, ਜਿਸ ਉਤੇ ਗੁਰੂ ਦਿਆਲ ਹੋਵੇ।

11234	255	ਸਾਧੂਸੰਗਤਿ ਤਉ ਬਸੈ ਜਉ ਆਪਨ ਹੋਹਿ ਦਇਆਲ॥		Saadhhoo Sangath Tho Basai Jo Aapan Hohi Dhaeiaal ||	He joins the Saadh Sangat, the Company of the Holy, only when the Lord Himself shows His Mercy.	ਤੇ, ਗੁਰੂ ਦੀ ਸੰਗਤਿ ਵਿਚ ਮਨੁੱਖ ਤਦੋਂ ਟਿਕਦਾ ਹੈ, ਜੇ ਪ੍ਰਭੂ ਆਪ ਕਿਰਪਾ ਕਰੇ।
11235	255	ਟੋਹੇ ਟਾਹੇ ਬਹੁ ਭਵਨ ਬਿਨੁ ਨਾਵੈ ਸੁਖੁ ਨਾਹਿ॥		Ttohae Ttaahae Bahu Bhavan Bin Naavai Sukh Naahi ||	I have searched and searched, across so many worlds, but without the Name, there is no peace.	ਅਸਾਂ ਸਾਰੇ ਥਾਂ ਭਾਲ ਕੇ ਵੇਖ ਲਏ ਹਨ, ਪ੍ਰਭੂ ਦੇ ਭਜਨ ਤੋਂ ਬਿਨਾ ਆਤਮਕ ਸੁਖ ਕਿਤੇ ਭੀ ਨਹੀਂ।
11236	255	ਟਲਹਿ ਜਾਮ ਕੇ ਦੂਤ ਤਿਹ ਜੁ ਸਾਧੂਸੰਗਿ ਸਮਾਹਿ॥		Ttalehi Jaam Kae Dhooth Thih J Saadhhoo Sang Samaahi ||	The Messenger of Death retreats from those who dwell in the Saadh Sangat.	ਜੇਹੜੇ ਬੰਦੇ ਗੁਰੂ ਦੀ ਹਜ਼ੂਰੀ ਵਿਚ ਆਪਾ ਲੀਨ ਕਰ ਲੈਂਦੇ ਹਨ, ਉਹਨਾਂ ਤੋਂ ਤਾਂ ਜਮਦੂਤ ਭੀ ਲਾਂਭੇ ਹੋ ਜਾਂਦੇ ਹਨ (ਉਹਨਾਂ ਨੂੰ ਮੌਤ ਦਾ ਡਰ ਭੀ ਪੋਹ ਨਹੀਂ ਸਕਦਾ)।
11237	255	ਬਾਰਿ ਬਾਰਿ ਜਾਉ ਸੰਤ ਸਦਕੇ॥		Baar Baar Jaao Santh Sadhakae ||	Again and again, I am forever devoted to the Saints.	ਮੈਂ ਮੁੜ ਮੁੜ ਗੁਰੂ ਤੋਂ ਕੁਰਬਾਨ ਜਾਂਦਾ ਹਾਂ।
11238	255	ਨਾਨਕ ਪਾਪ ਬਿਨਾਸੇ ਕਦਿ ਕੇ॥੨੭॥		Naanak Paap Binaasae Kadh Kae ||27||	O Nanak, my sins from so long ago have been erased. ||27||	ਹੇ ਨਾਨਕ! (ਆਖ-) ਜੇਹੜਾ ਮਨੁੱਖ ਗੁਰੂ ਦਰ ਤੇ ਆ ਡਿੱਗਦਾ ਹੈ, ਉਸ ਦੇ ਕਈ ਜਨਮਾਂ ਦੇ ਕੀਤੇ ਮੰਦ ਕਰਮਾਂ ਦੇ ਸੰਸਕਾਰ ਨਾਸ ਹੋ ਜਾਂਦੇ ਹਨ ॥੨੭॥
11239	255	ਸਲੋਕੁ॥		Salok ||	Shalok:	

11240	255	ਠਾਕ ਨ ਹੋਤੀ ਤਿਨਹੁ ਦਰਿ ਜਿਹ ਹੋਵਹੁ ਸੁਪ੍ਰਸੰਨ॥	ਸੁਪ੍ਰਸੰਨ	Thaak N Hothee Thinahu Dhar Jih Hovahu Suprasann ||	Those beings, with whom the Lord is thoroughly pleased, meet with no obstacles at His Door.	(ਹੇ ਪ੍ਰਭੂ!) ਜਿਨ੍ਹਾਂ ਉਤੇ ਤੂੰ ਮਿਹਰ ਕਰਦਾ ਹੈਂ; ਉਹਨਾਂ ਦੇ ਰਾਹ ਵਿਚ ਤੇਰੇ ਦਰ ਤੇ ਪਹੁੰਚਣ ਲੱਗਿਆਂ ਕੋਈ ਰੋਕ ਨਹੀਂ ਪੈਂਦੀ (ਕੋਈ ਵਿਕਾਰ ਉਹਨਾਂ ਨੂੰ ਪ੍ਰਭੂ-ਚਰਨਾਂ ਵਿਚ ਜੁੜਨ ਤੋਂ ਰੋਕ ਨਹੀਂ ਸਕਦਾ)।
11241	255	ਜੋ ਜਨ ਪ੍ਰਭਿ ਅਪੁਨੇ ਕਰੇ ਨਾਨਕ ਤੇ ਧਨਿ ਧੰਨਿ॥੧॥		Jo Jan Prabh Apunae Karae Naanak Thae Dhhan Dhhann ||1||	Those humble beings whom God has made His own, O Nanak, are blessed, so very blessed. ||1||	ਹੇ ਨਾਨਕ! (ਆਖ-) ਉਹ ਬੰਦੇ ਬੜੇ ਭਾਗਾਂ ਵਾਲੇ ਹਨ, ਜਿਨ੍ਹਾਂ ਨੂੰ ਪ੍ਰਭੂ ਨੇ ਆਪਣੇ ਬਣਾ ਲਿਆ ਹੈ ॥੧॥
11242	256	ਪਉੜੀ॥		Pourree ||	Pauree:	ਪਉੜੀ
11243	256	ਠਠਾ ਮਨੂਆ ਠਾਹਹਿ ਨਾਹੀ॥	(ਠਾਹਹਿ) ਢਾਉਂਦੇ, ਦੁਖਾਉਂਦੇ। ਠੱਠਾ	Thathaa Manooaa Thaahehi Naahee ||	T'HAT'HA: Those who have abandoned all else and	ਉਹ ਮਨੁੱਖ (ਫਿਰ ਮਾਇਕ ਪਦਾਰਥਾਂ ਦੀ ਖ਼ਾਤਰ) ਕਿਸੇ ਦਾ ਦਿਲ ਨਹੀਂ ਦੁਖਾਂਦੇ,
11244	256	ਜੋ ਸਗਲ ਤਿਆਗਿ ਏਕਹਿ ਲਪਟਾਹੀ॥		Jo Sagal Thiaag Eaekehi Lapattaahee ||	Who cling to the One Lord alone do not make trouble for anyone's mind.	ਜੋ (ਮਾਇਆ ਦੇ) ਸਾਰੇ (ਮੋਹ) ਤਿਆਗ ਕੇ ਸਿਰਫ਼ ਪ੍ਰਭੂ-ਚਰਨਾਂ ਵਿਚੇ ਜੁੜੇ ਰਹਿੰਦੇ ਹਨ।
11245	256	ਠਹਕਿ ਠਹਕਿ ਮਾਇਆ ਸੰਗਿ ਮੂਏ॥	(ਠਹਕਿ) ਟਕਰਾ ਕੇ	Thehak Thehak Maaeiaa Sang Mooeae ||	Those who are totally absorbed and preoccupied with Maya are dead;	(ਪਰ) ਜੋ ਮਨੁੱਖ ਮਾਇਆ ਦੇ ਮੋਹ ਵਿਚ ਫਸ ਕੇ (ਮਾਇਆ ਦੀ ਖ਼ਾਤਰ ਦੂਜਿਆਂ ਨਾਲ) ਵੈਰ-ਵਿਰੋਧ ਬਣਾ ਬਣਾ ਕੇ ਆਤਮਕ ਮੌਤ ਸਹੇੜਦੇ ਹਨ,

11246	256	ਉਆ ਕੈ ਕੁਸਲ ਨ ਕਤਹੂ ਹੂਏ॥	(ਕੁਸਲ) ਸੁਖ	Ouaa Kai Kusal N Kathehoo Hooeae ||	They do not find happiness anywhere.	ਉਹਨਾਂ ਦੇ ਅੰਦਰ ਕਦੇ ਆਤਮਕ ਆਨੰਦ ਨਹੀਂ ਆ ਸਕਦਾ।
11247	256	ਠਾਂਢਿ ਪਰੀ ਸੰਤਹ ਸੰਗਿ ਬਸਿਆ॥		Thaandt Paree Santheh Sang Basiaa ||	One who dwells in the Society of the Saints finds a great peace;	ਜੇਹੜਾ ਮਨੁੱਖ ਗੁਰਮੁਖਾਂ ਦੀ ਸੰਗਤਿ ਵਿਚ ਨਿਵਾਸ ਰੱਖਦਾ ਹੈ, ਉਸ ਦੇ ਮਨ ਵਿਚ ਠੰਡ ਪਈ ਰਹਿੰਦੀ ਹੈ,
11248	256	ਅੰਮ੍ਰਿਤ ਨਾਮੁ ਤਹਾ ਜੀਅ ਰਸਿਆ॥		Anmrith Naam Thehaa Jeea Rasiaa ||	The Ambrosial Nectar of the Naam becomes sweet to his soul.	ਪ੍ਰਭੂ ਦਾ ਆਤਮਕ ਅਮਰਤਾ ਦੇਣ ਵਾਲਾ ਨਾਮ ਉਸ ਦੀ ਜਿੰਦ ਵਿਚ ਰਚ ਜਾਂਦਾ ਹੈ।
11249	256	ਠਾਕੁਰ ਅਪੁਨੇ ਜੋ ਜਨੁ ਭਾਇਆ॥		Thaakur Apunae Jo Jan Bhaaeiaa ||	That humble being, who is pleasing to his Lord and Master	ਜੋ ਮਨੁੱਖ ਪਿਆਰੇ ਪਰਮਾਤਮਾ ਨੂੰ ਚੰਗਾ ਲੱਗ ਪੈਂਦਾ ਹੈ,
11250	256	ਨਾਨਕ ਉਆ ਕਾ ਮਨੁ ਸੀਤਲਾਇਆ॥੨੮॥		Naanak Ouaa Kaa Man Seethalaaeiaa ||28||	- O Nanak, his mind is cooled and soothed. ||28||	ਹੇ ਨਾਨਕ! ਉਸ ਦਾ ਮਨ (ਮਾਇਆ ਦੀ ਤ੍ਰਿਸ਼ਨਾ-ਰੂਪ ਅੱਗ ਤੋਂ ਬਚ ਕੇ) ਸਦਾ ਸ਼ਾਂਤ ਰਹਿੰਦਾ ਹੈ ॥੨੮॥
11251	256	ਸਲੋਕੁ॥		Salok ||	Shalok:	
11252	256	ਡੰਡਉਤਿ ਬੰਦਨ ਅਨਿਕ ਬਾਰ ਸਰਬ ਕਲਾ ਸਮਰਥ॥	ਸਮਰੱਥ	Ddanddouth Bandhan Anik Baar Sarab Kalaa Samarathh ||	I bow down, and fall to the ground in humble adoration, countless times, to the All-powerful Lord, who possesses all powers.	ਹੇ ਸਾਰੀਆਂ ਤਾਕਤਾਂ ਰੱਖਣ ਵਾਲੇ ਪ੍ਰਭੂ! ਮੈਂ ਅਨੇਕਾਂ ਵਾਰੀ ਤੈਨੂੰ ਨਮਸਕਾਰ ਕਰਦਾ ਹਾਂ।

11253	256	ਡੋਲਨ ਤੇ ਰਾਖਹੁ ਪ੍ਰਭੂ ਨਾਨਕ ਦੇ ਕਰਿ ਹਥ॥੧॥	ਹੱਥ	Ddolan Thae Raakhahu Prabhoo Naanak Dhae Kar Hathh ||1||	Please protect me, and save me from wandering, God. Reach out and give Nanak Your Hand. ||1||	ਹੇ ਨਾਨਕ! (ਇਉਂ ਅਰਦਾਸ ਕਰ-) ਮੈਨੂੰ ਮਾਇਆ ਦੇ ਮੋਹ ਵਿਚ ਥਿੜਕਣ ਤੋਂ ਆਪਣਾ ਹੱਥ ਦੇ ਕੇ ਬਚਾ ਲੈ ॥੧॥
11254	256	ਪਉੜੀ॥		Pourree ||	Pauree:	ਪਉੜੀ
11255	256	ਡਡਾ ਡੇਰਾ ਇਹੁ ਨਹੀ ਜਹ ਡੇਰਾ ਤਹ ਜਾਨੁ॥		Ddaddaa Ddaeraa Eihu Nehee Jeh Ddaeraa Theh Jaan ||	DADDA: This is not your true place; you must know where that place really is.	(ਹੇ ਭਾਈ!) ਇਹ ਸੰਸਾਰ ਤੇਰੇ ਸਦਾ ਟਿਕੇ ਰਹਿਣ ਵਾਲਾ ਥਾਂ ਨਹੀਂ ਹੈ, ਉਸ ਟਿਕਾਣੇ ਨੂੰ ਪਛਾਣ, ਜੇਹੜਾ ਅਸਲ ਪੱਕੀ ਰਿਹਾਇਸ਼ ਵਾਲਾ ਘਰ ਹੈ।
11256	256	ਉਆ ਡੇਰਾ ਕਾ ਸੰਜਮੋ ਗੁਰ ਕੈ ਸਬਦਿ ਪਛਾਨੁ॥		Ouaa Ddaeraa Kaa Sanjamo Gur Kai Sabadh Pashhaan ||	You shall come to realize the way to that place, through the Word of the Guru's Shabad.	ਗੁਰੂ ਦੇ ਸ਼ਬਦ ਵਿਚ ਜੁੜ ਕੇ ਇਹ ਸੂਝ ਹਾਸਲ ਕਰ ਕਿ ਉਸ ਘਰ ਵਿਚ ਸਦਾ ਟਿਕੇ ਰਹਿਣ ਦੀ ਕੀਹ ਜੁਗਤਿ ਹੈ।
11257	256	ਇਆ ਡੇਰਾ ਕਉ ਸ੍ਰਮੁ ਕਰਿ ਘਾਲੈ॥	(ਸ੍ਰਮੁ) ਭੱਜ ਦੌੜ	Eiaa Ddaeraa Ko Sram Kar Ghaalai ||	This place, here, is established by hard work,	ਮਨੁੱਖ ਇਸ ਦੁਨੀਆਵੀ ਡੇਰੇ ਦੀ ਖ਼ਾਤਰ ਬੜੀ ਮਿਹਨਤ ਕਰ ਕੇ ਘਾਲਾਂ ਘਾਲਦਾ ਹੈ,
11258	256	ਜਾ ਕਾ ਤਸੂ ਨਹੀ ਸੰਗਿ ਚਾਲੈ॥	ਤਸੂ:ਪੋਲਾ ਬੋਲੋ। (ਤਸੂ) ਥੋੜੇ ਮਾਤ੍ਰ	Jaa Kaa Thasoo Nehee Sang Chaalai ||	But not one iota of this shall go there with you.	ਪਰ (ਮੌਤ ਆਇਆਂ) ਇਸ ਦਾ ਰਤਾ ਭਰ ਭੀ ਇਸ ਦੇ ਨਾਲ ਨਹੀਂ ਜਾਂਦਾ।
11259	256	ਉਆ ਡੇਰਾ ਕੀ ਸੋ ਮਿਤਿ ਜਾਨੈ॥		Ouaa Ddaeraa Kee So Mith Jaanai ||	The value of that place beyond is known only to those,	ਉਸ ਸਦੀਵੀ ਟਿਕਾਣੇ ਦੀ ਰੀਤ-ਮਰਯਾਦਾ ਦੀ ਸਿਰਫ਼ ਉਸ ਮਨੁੱਖ ਨੂੰ ਸਮਝ ਪੈਂਦੀ ਹੈ,

11260	256	ਜਾ ਕਉ ਦ੍ਰਿਸਟਿ ਪੂਰਨ ਭਗਵਾਨੈ॥		Jaa Ko Dhrisatt Pooran Bhagavaanai ||	Upon whom the Perfect Lord God casts His Glance of Grace.	ਜਿਸ ਉਤੇ ਪੂਰਨ ਪ੍ਰਭੂ ਦੀ ਮਿਹਰ ਦੀ ਨਜ਼ਰ ਹੁੰਦੀ ਹੈ।
11261	256	ਡੇਰਾ ਨਿਹਚਲੁ ਸਚੁ ਸਾਧਸੰਗ ਪਾਇਆ॥		Ddaeraa Nihachal Sach Saadhhasang Paaeiaa ||	That permanent and true place is obtained in the Saadh Sangat, the Company of the Holy;	ਸਾਧ ਸੰਗਤਿ ਵਿਚ ਆ ਕੇ ਜੋ ਮਨੁੱਖ ਸਦੀਵੀ ਅਟੱਲ ਆਤਮਕ ਆਨੰਦ ਵਾਲਾ ਟਿਕਾਣਾ ਲੱਭ ਲੈਂਦੇ ਹਨ,
11262	256	ਨਾਨਕ ਤੇ ਜਨ ਨਹ ਡੋਲਾਇਆ॥੨੯॥		Naanak Thae Jan Neh Ddolaaeiaa ||29||	O Nanak, those humble beings do not waver or wander. ||29||	ਹੇ ਨਾਨਕ! ਉਹਨਾਂ ਦਾ ਮਨ (ਇਸ ਨਾਸਵੰਤ ਸੰਸਾਰ ਦੇ ਘਰਾਂ ਆਦਿਕ ਦੀ ਖ਼ਾਤਰ) ਨਹੀਂ ਡੋਲਦਾ ॥੨੯॥
11263	256	ਸਲੋਕੁ॥		Salok ||	Shalok:	
11264	256	ਢਾਹਨ ਲਾਗੇ ਧਰਮਰਾਇ ਕਿਨਹਿ ਨ ਘਾਲਿਓ ਬੰਧ॥		Aahan Laagae Dhharam Raae Kinehi N Ghaaliou Bandhh ||	When the Righteous Judge of Dharma begins to destroy someone, no one can place any obstacle in His Way.	ਉਹਨਾਂ (ਬੰਦਿਆਂ ਦੇ ਆਤਮਕ ਜੀਵਨ ਦੀ ਇਮਾਰਤ) ਨੂੰ ਵਿਕਾਰਾਂ ਦੇ ਹੜ੍ਹ ਦੀ ਢਾਹ ਨਹੀਂ ਲੱਗਦੀ, ਕੋਈ ਇਕ ਭੀ ਵਿਕਾਰ ਉਹਨਾਂ ਦੇ ਜੀਵਨ-ਰਾਹ ਵਿਚ ਰੋਕ ਨਹੀਂ ਪਾ ਸਕਿਆ,
11265	256	ਨਾਨਕ ਉਬਰੇ ਜਪਿ ਹਰੀ ਸਾਧਸੰਗਿ ਸਨਬੰਧ॥੧॥		Naanak Oubarae Jap Haree Saadhhasang Sanabandhh ||1||	O Nanak, those who join the Saadh Sangat and meditate on the Lord are saved. ||1||	ਹੇ ਨਾਨਕ! ਜਿਨ੍ਹਾਂ ਨੇ ਸਾਧ ਸੰਗਤਿ ਵਿਚ ਨਾਤਾ ਜੋੜਿਆ, ਉਹ ਹਰੀ ਦਾ ਨਾਮ ਜਪ ਕੇ (ਵਿਕਾਰਾਂ ਦੇ ਹੜ੍ਹ ਵਿਚੋਂ) ਬਚ ਨਿਕਲੇ ॥੧॥
11266	256	ਪਉੜੀ॥		Pourree ||	Pauree:	ਪਉੜੀ

11267	256	ਢਢਾ ਢੂਢਤ ਕਹ ਫਿਰਹੁ ਢੂਢਨੁ ਇਆ ਮਨ ਮਾਹਿ॥		Dtadtaa Dtoodtath Keh Firahu Dtoodtan Eiaa Man Maahi ||	DHADHA: Where are you going, wandering and searching? Search instead within your own mind.	ਹੋਰ ਕਿੱਥੇ ਲੱਭਦੇ ਫਿਰਦੇ ਹੋ? ਭਾਲ ਇਸ ਮਨ ਵਿਚ ਹੀ (ਕਰਨੀ ਹੈ)।
11268	256	ਸੰਗਿ ਤੁਹਾਰੈ ਪ੍ਰਭੁ ਬਸੈ ਬਨੁ ਬਨੁ ਕਹਾ ਫਿਰਾਹਿ॥		Sang Thuhaarai Prabh Basai Ban Ban Kehaa Firaahi ||	God is with you, so why do you wander around from forest to forest?	(ਹੇ ਭਾਈ!) ਪ੍ਰਭੂ ਤੁਹਾਡੇ ਨਾਲ (ਹਿਰਦੇ ਵਿਚ) ਵੱਸ ਰਿਹਾ ਹੈ, ਤੁਸੀ ਜੰਗਲ ਜੰਗਲ ਕਿੱਥੇ ਢੂੰਢਦੇ ਫਿਰਦੇ ਹੋ?
11269	256	ਢੇਰੀ ਢਾਹਹੁ ਸਾਧਸੰਗਿ ਅਹੰਬੁਧਿ ਬਿਕਰਾਲ॥		Dtaeree Dtaahahu Saadhhasang Ahanbudhh Bikaraal ||	In the Saadh Sangat, the Company of the Holy, tear down the mound of your frightful, egotistical pride.	ਸਾਧ ਸੰਗਤਿ ਵਿਚ (ਪਹੁੰਚ ਕੇ) ਭਿਆਨਕ ਹਉਮੈ ਵਾਲੀ ਮਤਿ ਦੀ ਬਣੀ ਹੋਈ ਢੇਰੀ ਨੂੰ ਢਾਹ ਦਿਉ।
11270	256	ਸੁਖੁ ਪਾਵਹੁ ਸਹਜੇ ਬਸਹੁ ਦਰਸਨੁ ਦੇਖਿ ਨਿਹਾਲ॥		Sukh Paavahu Sehajae Basahu Dharasan Dhaekh Nihaal ||	You shall find peace, and abide in intuitive bliss; gazing upon the Blessed Vision of God's Darshan, you shall be delighted.	(ਇਸ ਤਰ੍ਹਾਂ ਅੰਦਰ ਹੀ ਪ੍ਰਭੂ ਦਾ ਦਰਸਨ ਹੋ ਜਾਇਗਾ, ਪ੍ਰਭੂ ਦਾ) ਦਰਸਨ ਕਰ ਕੇ ਆਤਮਾ ਖਿੜ ਪਏਗਾ, ਆਤਮਕ ਆਨੰਦ ਮਿਲੇਗਾ, ਅਡੋਲ ਅਵਸਥਾ ਵਿਚ ਟਿਕ ਜਾਵੋਗੇ।
11271	256	ਢੇਰੀ ਜਾ ਮੈ ਜਮਿ ਮਰੈ ਗਰਭ ਜੋਨਿ ਦੁਖ ਪਾਇ॥	(ਜਾ)ਜਿਸ। (ਮੈ) ਵਿੱਚ। ਹੰਕਾਰ ਦੀ ਢੇਰੀ ਹੈ। (ਜਮਿ) ਜੰਮਦਾ ਅਥਵਾ ਜਮਦੂਤ	Dtaeree Jaamai Jam Marai Garabh Jon Dhukh Paae ||	One who has such a mound as this, dies and suffers the pain of reincarnation through the womb.	ਜਿਤਨਾ ਚਿਰ ਅੰਦਰ ਹਉਮੈ ਦੀ ਢੇਰੀ ਬਣੀ ਰਹਿੰਦੀ ਹੈ, ਮਨੁੱਖ ਜੰਮਦਾ ਮਰਦਾ ਰਹਿੰਦਾ ਹੈ, ਜੂਨਾਂ ਦੇ ਗੇੜ ਵਿਚ ਦੁੱਖ ਭੋਗਦਾ ਹੈ।

11272	256	ਮੋਹ ਮਗਨ ਲਪਟਤ ਰਹੈ ਹਉ ਹਉ ਆਵੈ ਜਾਇ॥		Moh Magan Lapattath Rehai Ho Ho Aavai Jaae ||	One who is intoxicated by emotional attachment, entangled in egotism, selfishness and conceit, shall continue coming and going in reincarnation.	ਮੋਹ ਵਿਚ ਮਸਤ ਹੋ ਕੇ (ਮਾਇਆ ਨਾਲ) ਚੰਬੜਿਆ ਰਹਿੰਦਾ ਹੈ, ਹਉਮੈ ਦੇ ਕਾਰਨ ਜਨਮ ਮਰਨ ਵਿਚ ਪਿਆ ਰਹਿੰਦਾ ਹੈ।
11273	256	ਢਹਤ ਢਹਤ ਅਬ ਢਹਿ ਪਰੇ ਸਾਧ ਜਨਾ ਸਰਨਾਇ॥		Dtehath Dtehath Ab Dtehi Parae Saadhh Janaa Saranaae ||	Slowly and steadily, I have now surrendered to the Holy Saints; I have come to their Sanctuary.	ਜੋ ਬੰਦੇ ਇਸ ਜਨਮ ਵਿਚ ਸਾਧ ਜਨਾਂ ਦੀ ਸਰਨ ਆ ਪੈਂਦੇ ਹਨ,
11274	256	ਦੁਖ ਕੇ ਫਾਹੇ ਕਾਟਿਆ ਨਾਨਕ ਲੀਏ ਸਮਾਇ॥੩੦॥		Dhukh Kae Faahae Kaattiaa Naanak Leeeae Samaae ||30||	God has cut away the noose of my pain; O Nanak, He has merged me into Himself. ||30||	ਹੇ ਨਾਨਕ! ਉਹਨਾਂ ਦੀਆਂ (ਮੋਹ ਤੋਂ ਉਪਜੀਆਂ) ਦੁੱਖਾਂ ਦੀਆਂ ਫਾਹੀਆਂ ਕੱਟੀਆਂ ਜਾਂਦੀਆਂ ਹਨ, ਉਹਨਾਂ ਨੂੰ ਪ੍ਰਭੂ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ॥੩੦॥
11275	256	ਸਲੋਕੁ॥		Salok ||	Shalok:	
11276	256	ਜਹ ਸਾਧੂ ਗੋਬਿਦ ਭਜਨੁ ਕੀਰਤਨੁ ਨਾਨਕ ਨੀਤ॥		Jeh Saadhhoo Gobidh Bhajan Keerathan Naanak Neeth ||	Where the Holy people constantly vibrate the Kirtan of the Praises of the Lord of the Universe, O Nanak	(ਧਰਮਰਾਜ ਆਖਦਾ ਹੈ-) ਹੇ ਮੇਰੇ ਦੂਤੋ! ਜਿੱਥੇ ਸਾਧ ਜਨ ਪਰਮਾਤਮਾ ਦਾ ਭਜਨ ਕਰ ਰਹੇ ਹੋਣ, ਜਿਥੇ ਨਿੱਤ ਕੀਰਤਨ ਹੋ ਰਿਹਾ ਹੋਵੇ, ਤੁਸਾਂ ਉਸ ਥਾਂ ਦੇ ਨੇੜੇ ਨ ਜਾਣਾ।

11277	256	ਞਾ ਹਉ ਞਾ ਤੂੰ ਞਹ ਛੁਟਹਿ ਨਿਕਟਿ ਨ ਜਾਈਅਹੁ ਦੂਤ॥੧॥	ਧਰਮਰਾਜਾ ਜਮਦੂਤ ਨੂੰ ਕਹਿ ਰਿਹਾ ਹੈ(ਞਾ)ਨਾ (ਹਉ) ਮੈਂ। (ਞਾ) ਨਾ ਜਮਦੂਤ ਤੂੰ। (ਞਹ) ਨਾ ਜਮਪੁਰੀ ਛੁੱਟੇਗੀ	Naa Ho Naa Thoon Neh Shhuttehi Nikatt N Jaaeeahu Dhooth ||1||	- the Righteous Judge says, ""Do not approach that place, O Messenger of Death, or else neither you nor I shall escape!""||1||	(ਜੇ ਤੁਸੀ ਉਥੇ ਚਲੇ ਗਏ ਤਾਂ ਇਸ ਖ਼ੁਨਾਮੀ ਤੋਂ) ਨਾਹ ਮੈਂ ਬਚਾਂਗਾ, ਨਾਹ ਤੁਸੀ ਬਚੋਗੇ ॥੧॥
11278	256	ਪਉੜੀ॥		Pourree ||	Pauree:	ਪਉੜੀ
11279	256	ਞਾਞਾ ਰਣ ਤੇ ਸੀਝੀਐ ਆਤਮ ਜੀਤੈ ਕੋਇ॥	(ਸੀਝੀਐ) ਜਿੱਤੀਏ	Naanaa Ran Thae Seejheeai Aatham Jeethai Koe ||	NANNA: One who conquers his own soul, wins the battle of life.	ਇਸ ਜਗਤ ਰਣ-ਭੂਮੀ ਵਿਚ ਹਉਮੈ ਨਾਲ ਹੋ ਰਹੇ ਜੰਗ ਤੋਂ ਤਦੋਂ ਹੀ ਕਾਮਯਾਬ ਹੋਈਦਾ ਹੈ, ਜੇ ਮਨੁੱਖ ਆਪਣੇ ਆਪ ਨੂੰ ਜਿੱਤ ਲਏ।
11280	256	ਹਉਮੈ ਅਨ ਸਿਉ ਲਰਿ ਮਰੈ ਸੋ ਸੋਭਾ ਦੂ ਹੋਇ॥	(ਦੂ) ਦੂਣੀ ਚੌਣੀ। (ਦੂਜਾ ਪਾਠ: ਸੋ ਸੋ ਭਾਦੂ)	Houmai An Sio Lar Marai So Sobhaa Dhoo Hoe ||	One who dies, while fighting against egotism and alienation, becomes sublime and beautiful.	ਜੇਹੜਾ ਮਨੁੱਖ ਹਉਮੈ ਤੇ ਦ੍ਵੈਤ ਨਾਲ ਟਾਕਰਾ ਕਰ ਕੇ ਹਉਮੈ ਵਲੋਂ ਮਰ ਜਾਂਦਾ ਹੈ, ਉਹੀ ਵੱਡਾ ਸੂਰਮਾ ਹੈ।
11281	256	ਮਣੀ ਮਿਟਾਇ ਜੀਵਤ ਮਰੈ ਗੁਰ ਪੂਰੇ ਉਪਦੇਸ॥	(ਮਣੀ) ਹਉਮੈ	Manee Mittaae Jeevath Marai Gur Poorae Oupadhaes ||	One who eradicates his ego, remains dead while yet alive, through the Teachings of the Perfect Guru.	ਜੇਹੜਾ ਮਨੁੱਖ ਗੁਰੂ ਦੀ ਸਿੱਖਿਆ ਲੈ ਕੇ ਹਉਮੈ ਨੂੰ ਮੁਕਾਂਦਾ ਹੈ, ਸੰਸਾਰਕ ਵਾਸ਼ਨਾ ਵਲੋਂ ਅਜਿੱਤ ਹੋ ਜਾਂਦਾ ਹੈ,

11282	256	ਮਨੂਆ ਜੀਤੈ ਹਰਿ ਮਿਲੈ ਤਿਹ ਸੂਰਤਣ ਵੇਸ॥	(ਸੂ-ਰੱਤਣ) ਸੂਰਮਤਾਈ ਵਾਲਾ	Manooaa Jeethai Har Milai Thih Soorathan Vaes ||	He conquers his mind, and meets the Lord; he is dressed in robes of honor.	ਆਪਣੇ ਮਨ ਨੂੰ ਆਪਣੇ ਵੱਸ ਵਿਚ ਕਰ ਲੈਂਦਾ ਹੈ, ਉਹ ਮਨੁੱਖ ਪਰਮਾਤਮਾ ਨੂੰ ਮਿਲ ਪੈਂਦਾ ਹੈ (ਸੰਸਾਰਕ ਰਣ-ਭੂਮੀ ਵਿਚ) ਉਸੇ ਦੀ ਬਰਦੀ ਸੂਰਮਿਆਂ ਵਾਲੀ ਸਮਝੋ।
11283	256	ਨਾ ਕੋ ਜਾਣੈ ਆਪਣੋ ਏਕਹਿ ਟੇਕ ਅਧਾਰ॥		Naa Ko Jaanai Aapano Eaekehi Ttaek Adhhaar ||	He does not claim anything as his own; the One Lord is his Anchor and Support.	ਜੇਹੜਾ ਮਨੁੱਖ ਇਕ ਪ੍ਰਭੂ ਦਾ ਹੀ ਆਸਰਾ-ਪਰਨਾ ਲੈਂਦਾ ਹੈ, ਕਿਸੇ ਹੋਰ ਨੂੰ ਆਪਣਾ ਆਸਰਾ ਨਹੀਂ ਸਮਝਦਾ,
11284	256	ਰੈਣਿ ਦਿਨਸੁ ਸਿਮਰਤ ਰਹੈ ਸੋ ਪ੍ਰਭੁ ਪੁਰਖੁ ਅਪਾਰ॥		Rain Dhinas Simarath Rehai So Prabh Purakh Apaar ||	Night and day, he continually contemplates the Almighty, Infinite Lord God.	ਸਰਬ-ਵਿਆਪਕ ਬੇਅੰਤ ਪ੍ਰਭੂ ਨੂੰ ਦਿਨ ਰਾਤ ਹਰ ਵੇਲੇ ਸਿਮਰਦਾ ਰਹਿੰਦਾ ਹੈ,
11285	256	ਰੇਣ ਸਗਲ ਇਆ ਮਨੁ ਕਰੈ ਏਉ ਕਰਮ ਕਮਾਇ॥		Raen Sagal Eiaa Man Karai Eaeoo Karam Kamaae ||	He makes his mind the dust of all; such is the karma of the deeds he does.	ਆਪਣੇ ਇਸ ਮਨ ਨੂੰ ਸਭਨਾਂ ਦੀ ਚਰਨ-ਧੂੜ ਬਣਾਂਦਾ ਹੈ-ਜੇਹੜਾ ਮਨੁੱਖ ਇਹ ਕਰਮ ਕਮਾਂਦਾ ਹੈ,
11286	256	ਹੁਕਮੈ ਬੂਝੈ ਸਦਾ ਸੁਖੁ ਨਾਨਕ ਲਿਖਿਆ ਪਾਇ॥੩੧॥		Hukamai Boojhai Sadhaa Sukh Naanak Likhiaa Paae ||31||	Understanding the Hukam of the Lord's Command, he attains everlasting peace. O Nanak, such is his pre-ordained destiny. ||31||	ਹੇ ਨਾਨਕ! ਉਹ ਪਰਮਾਤਮਾ ਦੀ ਰਜ਼ਾ ਨੂੰ ਸਮਝ ਲੈਂਦਾ ਹੈ, ਸਦਾ ਆਤਮਕ ਆਨੰਦ ਮਾਣਦਾ ਹੈ, ਪਿਛਲੇ ਕੀਤੇ ਭਲੇ ਕਰਮਾਂ ਦਾ ਲੇਖ ਉਸ ਦੇ ਮੱਥੇ ਉਤੇ ਉੱਘੜ ਪੈਂਦਾ ਹੈ ॥੩੧॥
11287	256	ਸਲੋਕੁ॥		Salok ||	Shalok:	

11288	256	ਤਨੁ ਮਨੁ ਧਨੁ ਅਰਪਉ ਤਿਸੈ ਪ੍ਰਭੂ ਮਿਲਾਵੈ ਮੋਹਿ॥		Than Man Dhhan Arapo Thisai Prabhoo Milaavai Mohi ||	I offer my body, mind and wealth to anyone who can unite me with God.	ਜੇਹੜਾ ਮਨੁੱਖ ਮੈਨੂੰ ਰੱਬ ਮਿਲਾ ਦੇਵੇ, ਮੈਂ ਉਸ ਅਗੇ ਆਪਣਾ ਤਨ ਮਨ ਧਨ ਸਭ ਕੁਝ ਭੇਟ ਕਰ ਦਿਆਂ, (ਕਿਉਂਕਿ ਪ੍ਰਭੂ ਦੇ ਮਿਲਿਆਂ)
11289	256	ਨਾਨਕ ਭ੍ਰਮ ਭਉ ਕਾਟੀਐ ਚੂਕੈ ਜਮ ਕੀ ਜੋਹ॥੧॥	(ਜੋਹ) ਤਾੜ	Naanak Bhram Bho Kaatteeai Chookai Jam Kee Joh ||1||	O Nanak, my doubts and fears have been dispelled, and the Messenger of Death does not see me any longer. ||1||	ਹੇ ਨਾਨਕ! (ਆਖ-) ਮਨ ਦੀ ਭਟਕਣਾ ਤੇ ਸਹਮ ਦੂਰ ਹੋ ਜਾਂਦਾ ਹੈ, ਜਮ ਦੀ ਘੂਰੀ ਭੀ ਮੁੱਕ ਜਾਂਦੀ ਹੈ, (ਮੌਤ ਦਾ ਸਹਮ ਭੀ ਖ਼ਤਮ ਹੋ ਜਾਂਦਾ ਹੈ) ॥੧॥
11290	256	ਪਉੜੀ॥		Pourree ||	Pauree:	ਪਉੜੀ
11291	256	ਤਤਾ ਤਾ ਸਿਉ ਪ੍ਰੀਤਿ ਕਰਿ ਗੁਣ ਨਿਧਿ ਗੋਬਿਦ ਰਾਇ॥	ਤੱਤਾ	Thathaa Thaa Sio Preeth Kar Gun Nidhh Gobidh Raae ||	TATTA: Embrace love for the Treasure of Excellence, the Sovereign Lord of the Universe.	(ਹੇ ਭਾਈ!) ਉਸ ਗੋਬਿੰਦ ਰਾਇ ਨਾਲ ਪਿਆਰ ਪਾ ਜੋ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ,
11292	256	ਫਲ ਪਾਵਹਿ ਮਨ ਬਾਛਤੇ ਤਪਤਿ ਤੁਹਾਰੀ ਜਾਇ॥	(ਬਾਛਤੇ) ਇੱਛਤ	Fal Paavehi Man Baashhathae Thapath Thuhaaree Jaae ||	You shall obtain the fruits of your mind's desires, and your burning thirst shall be quenched.	ਮਨ-ਇੱਛਤ ਫਲ ਹਾਸਲ ਕਰੇਂਗਾ, ਤੇਰੇ ਮਨ ਦੀ (ਤ੍ਰਿਸ਼ਨਾ-ਅੱਗ ਦੀ) ਤਪਸ਼ ਦੂਰ ਹੋ ਜਾਏਗੀ।
11293	257	ਤ੍ਰਾਸ ਮਿਟੈ ਜਮ ਪੰਥ ਕੀ ਜਾਸੁ ਬਸੈ ਮਨਿ ਨਾਉ॥	(ਤ੍ਰਾਸ) ਡਰ	Thraas Mittai Jam Panthh Kee Jaas Basai Man Naao ||	One whose heart is filled with the Name shall have no fear on the path of death.	ਜਿਸ ਮਨੁੱਖ ਦੇ ਮਨ ਵਿਚ ਪ੍ਰਭੂ ਦਾ ਨਾਮ ਵੱਸ ਪਏ ਉਸ ਦਾ ਜਮਾਂ ਦੇ ਰਸਤੇ ਦਾ ਡਰ ਮਿਟ ਜਾਂਦਾ ਹੈ (ਮੌਤ ਦਾ ਸਹਮ ਮੁੱਕ ਜਾਂਦਾ ਹੈ)।

11294	257	ਗਤਿ ਪਾਵਹਿ ਮਤਿ ਹੋਇ ਪ੍ਰਗਾਸੁ ਮਹਲੀ ਪਾਵਹਿ ਠਾਉ॥		Gath Paavehi Math Hoe Pragaas Mehalee Paavehi Thaao ||	He shall obtain salvation, and his intellect shall be enlightened; he will find his place in the Mansion of the Lord's Presence.	(ਹੇ ਭਾਈ! ਨਾਮ ਦੀ ਬਰਕਤਿ ਨਾਲ) ਉੱਚੀ ਆਤਮਕ ਹਾਸਲ ਕਰੇਂਗਾ, ਤੇਰੀ ਅਕਲ ਰੌਸ਼ਨ ਹੋ ਜਾਏਗੀ ਪ੍ਰਭੂ-ਚਰਨਾਂ ਵਿਚ ਤੇਰੀ ਸੁਰਤ ਟਿਕੀ ਰਹੇਗੀ।
11295	257	ਤਾਹੂ ਸੰਗਿ ਨ ਧਨੁ ਚਲੈ ਗ੍ਰਿਹ ਜੋਬਨ ਨਹ ਰਾਜ॥		Thaahoo Sang N Dhhan Chalai Grih Joban Neh Raaj ||	Neither wealth, nor household, nor youth, nor power shall go along with you.	(ਮਾਇਆ ਵਾਲੀ) ਭਟਕਣਾ ਛੱਡ, ਧਨ, ਘਰ ਜੁਆਨੀ, ਰਾਜ ਕਿਸੇ ਚੀਜ਼ ਨੇ ਭੀ ਤੇਰੇ ਨਾਲ ਨਹੀਂ ਜਾਣਾ;
11296	257	ਸੰਤਸੰਗਿ ਸਿਮਰਤ ਰਹਹੁ ਇਹੈ ਤੁਹਾਰੈ ਕਾਜ॥		Santhasang Simarath Rehahu Eihai Thuhaarai Kaaj ||	In the Society of the Saints, meditate in remembrance on the Lord. This alone shall be of use to you.	ਸਤਸੰਗ ਵਿਚ ਰਹਿ ਕੇ ਪ੍ਰਭੂ ਦਾ ਨਾਮ ਸਿਮਰਿਆ ਕਰ, ਬੱਸ! ਇਹੀ ਅੰਤ ਤੇਰੇ ਕੰਮ ਆਵੇਗਾ।
11297	257	ਤਾਤਾ ਕਛੂ ਨ ਹੋਈ ਹੈ ਜਉ ਤਾਪ ਨਿਵਾਰੈ ਆਪ॥	(ਤੱਾਤਾ) ਤਪਸ਼ ਈਰਖ਼ਾ	Thaathaa Kashhoo N Hoee Hai Jo Thaap Nivaarai Aap ||	There will be no burning at all, when He Himself takes away your fever.	(ਪ੍ਰਭੂ ਦਾ ਹੋ ਰਹੁ) ਜਦੋਂ ਪ੍ਰਭੂ ਆਪ ਦੁੱਖ-ਕਲੇਸ਼ ਦੂਰ ਕਰਨ ਵਾਲਾ (ਸਿਰ ਉਤੇ) ਹੋਵੇ ਤਾਂ ਕੋਈ ਮਾਨਸਕ ਕਲੇਸ਼ ਰਹਿ ਨਹੀਂ ਸਕਦਾ।
11298	257	ਪ੍ਰਤਿਪਾਲੈ ਨਾਨਕ ਹਮਹਿ ਆਪਹਿ ਮਾਈ ਬਾਪ॥੩੨॥		Prathipaalai Naanak Hamehi Aapehi Maaee Baap ||32||	O Nanak, the Lord Himself cherishes us; He is our Mother and Father. ||32||	ਹੇ ਨਾਨਕ! (ਆਖ-) ਪ੍ਰਭੂ ਆਪ ਮਾਪਿਆਂ ਵਾਂਗ ਸਾਡੀ ਪਾਲਣਾ ਕਰਦਾ ਹੈ ॥੩੨॥
11299	257	ਸਲੋਕੁ॥		Salok ||	Shalok:	

11300	257	ਥਾਕੇ ਬਹੁ ਬਿਧਿ ਘਾਲਤੇ ਤ੍ਰਿਪਤਿ ਨ ਤ੍ਰਿਸਨਾ ਲਾਥ॥		Thhaakae Bahu Bidhh Ghaalathae Thripath N Thrisanaa Laathh ||	They have grown weary, struggling in all sorts of ways; but they are not satisfied, and their thirst is not quenched.	ਹੇ ਨਾਨਕ! ਮਾਇਆ-ਗ੍ਰਸੇ ਜੀਵ ਮਾਇਆ ਦੀ ਖ਼ਾਤਰ ਕਈ ਤਰ੍ਹਾਂ ਦੌੜ-ਭੱਜ ਕਰਦੇ ਹਨ, ਪਰ ਰੱਜਦੇ ਨਹੀਂ, ਤ੍ਰਿਸ਼ਨਾ ਮੁੱਕਦੀ ਨਹੀਂ;
11301	257	ਸੰਚਿ ਸੰਚਿ ਸਾਕਤ ਮੂਏ ਨਾਨਕ ਮਾਇਆ ਨ ਸਾਥ॥੧॥	(ਸੰਚਿ) ਇਕੱਠੀ ਕਰ	Sanch Sanch Saakath Mooeae Naanak Maaeiaa N Saathh ||1||	Gathering in and hoarding what they can, the faithless cynics die, O Nanak, but the wealth of Maya does not go with them in the end. ||1||	ਮਾਇਆ ਜੋੜ ਜੋੜ ਕੇ ਆਤਮਕ ਮੌਤ ਸਹੇੜ ਲੈਂਦੇ ਹਨ, ਮਾਇਆ ਭੀ ਨਾਲ ਨਹੀਂ ਨਿਭਦੀ ॥੧॥
11302	257	ਪਉੜੀ॥		Pourree ||	Pauree:	ਪਉੜੀ
11303	257	ਥਥਾ ਥਿਰੁ ਕੋਊ ਨਹੀ ਕਾਇ ਪਸਾਰਹੁ ਪਾਵ॥		Thhathhaa Thhir Kooo Nehee Kaae Pasaarahu Paav ||	T'HAT'HA: Nothing is permanent - why do you stretch out your feet?	ਹੇ ਮੂਰਖ! ਕਿਸੇ ਨੇ ਭੀ ਇਥੇ ਸਦਾ ਬੈਠ ਨਹੀਂ ਰਹਿਣਾ, ਕਿਉਂ ਪੈਰ ਪਸਾਰ ਰਿਹਾ ਹੈਂ? (ਕਿਉਂ ਮਾਇਆ ਦੇ ਖਿਲਾਰੇ ਖਿਲਾਰ ਰਿਹਾ ਹੈਂ?)
11304	257	ਅਨਿਕ ਬੰਚ ਬਲ ਛਲ ਕਰਹੁ ਮਾਇਆ ਏਕ ਉਪਾਵ॥	(ਬੰਚ) ਠੱਗੀਆਂ	Anik Banch Bal Shhal Karahu Maaeiaa Eaek Oupaav ||	You commit so many fraudulent and deceitful actions as you chase after Maya.	ਤੂੰ ਸਿਰਫ਼ ਮਾਇਆ ਵਾਸਤੇ ਹੀ ਕਈ ਪਾਪੜ ਵੇਲ ਰਿਹਾ ਹੈਂ, ਅਨੇਕਾਂ ਠੱਗੀਆਂ-ਫ਼ਰੇਬ ਕਰ ਰਿਹਾ ਹੈਂ।

11305	257	ਥੈਲੀ ਸੰਚਹੁ ਸ੍ਰਮੁ ਕਰਹੁ ਥਾਕਿ ਪਰਹੁ ਗਾਵਾਰ॥	(ਥੈਲੀ) ਮਾਇਆ। (ਸ੍ਰਮੁ) ਦੌੜ ਭੱਜ	Thhailee Sanchahu Sram Karahu Thhaak Parahu Gaavaar ||	You work to fill up your bag, you fool, and then you fall down exhausted.	ਹੇ ਮੂਰਖ! ਤੂੰ ਧਨ ਜੋੜ ਰਿਹਾ ਹੈਂ, (ਧਨ ਦੀ ਖ਼ਾਤਰ) ਦੌੜ-ਭੱਜ ਕਰਦਾ ਹੈਂ, ਤੇ ਥੱਕ-ਟੁੱਟ ਜਾਂਦਾ ਹੈਂ,
11306	257	ਮਨ ਕੈ ਕਾਮਿ ਨ ਆਵਈ ਅੰਤੇ ਅਉਸਰ ਬਾਰ॥		Man Kai Kaam N Aavee Anthae Aousar Baar ||	But this shall be of no use to you at all at that very last instant.	ਪਰ ਅੰਤ ਸਮੇ ਇਹ ਧਨ ਤੇਰੀ ਜਿੰਦ ਦੇ ਕੰਮ ਤਾਂ ਨਹੀਂ ਆਵੇਗਾ।
11307	257	ਥਿਤਿ ਪਾਵਹੁ ਗੋਬਿਦ ਭਜਹੁ ਸੰਤਹ ਕੀ ਸਿਖ ਲੇਹੁ॥	(ਸਿੱਖ) ਸਿੱਖਿਆ	Thhith Paavahu Gobidh Bhajahu Santheh Kee Sikh Laehu ||	You shall find stability only by vibrating upon the Lord of the Universe, and accepting the Teachings of the Saints.	(ਹੇ ਭਾਈ!) ਗੁਰਮੁਖਾਂ ਦੀ ਸਿੱਖਿਆ ਧਿਆਨ ਨਾਲ ਸੁਣ, ਪਰਮਾਤਮਾ ਦਾ ਭਜਨ ਕਰ ਆਤਮਕ ਸ਼ਾਂਤੀ (ਤਦੋਂ ਹੀ) ਮਿਲੇਗੀ।
11308	257	ਪ੍ਰੀਤਿ ਕਰਹੁ ਸਦ ਏਕ ਸਿਉ ਇਆ ਸਾਚਾ ਅਸਨੇਹੁ॥	(ਅਸਨੇਹੁ) ਪ੍ਰੇਮ	Preeth Karahu Sadh Eaek Sio Eiaa Saachaa Asanaehu ||	Embrace love for the One Lord forever - this is true love!	ਸਦਾ ਸਿਰਫ਼ ਪਰਮਾਤਮਾ ਨਾਲ (ਦਿਲੀ) ਪ੍ਰੀਤਿ ਬਣਾ। ਇਹੀ ਪਿਆਰ ਸਦਾ ਕਾਇਮ ਰਹਿਣ ਵਾਲਾ ਹੈ।
11309	257	ਕਾਰਨ ਕਰਨ ਕਰਾਵਨੋ ਸਭ ਬਿਧਿ ਏਕੈ ਹਾਥ॥		Kaaran Karan Karaavano Sabh Bidhh Eaekai Haathh ||	He is the Doer, the Cause of causes. All ways and means are in His Hands alone.	(ਪਰ) (ਹੇ ਪ੍ਰਭੂ!) ਇਹ ਜੀਵ ਵਿਚਾਰੇ (ਮਾਇਆ ਦੇ ਟਾਕਰੇ ਤੇ ਬੇ-ਵੱਸ) ਹਨ।

11310	257	ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਹਿ ਨਾਨਕ ਜੰਤ ਅਨਾਥ॥੩੩॥	ਲੱਗਹਿ	Jith Jith Laavahu Thith Thith Lagehi Naanak Janth Anaathh ||33||	Whatever You attach me to, to that I am attached; O Nanak, I am just a helpless creature. ||33||	ਹੇ ਨਾਨਕ! (ਆਖ-) ਜਿੱਧਰ ਤੂੰ ਇਹਨਾਂ ਨੂੰ ਲਾਉਂਦਾ ਹੈਂ, ਉਧਰ ਹੀ ਲੱਗਦੇ ਹਨ, ਹਰੇਕ ਸਬਬ ਸਿਰਫ਼ ਤੇਰੇ ਹੱਥ ਵਿਚ ਹੈ, ਤੂੰ ਹੀ ਸਭ ਕੁਝ ਕਰ ਸਕਦਾ ਹੈਂ, ਤੇ ਜੀਵਾਂ ਪਾਸੋਂ) ਕਰਾ ਸਕਦਾ ਹੈਂ ॥੩੩॥
11311	257	ਸਲੋਕੁ॥		Salok ||	Shalok:	
11312	257	ਦਾਸਹ ਏਕੁ ਨਿਹਾਰਿਆ ਸਭੁ ਕਛੁ ਦੇਵਨਹਾਰ॥	(ਦਾਸਹ) ਦਾਸਾਂ ਨੇ। (ਨਿਹਾਰਿਆ) ਦੇਖਿਆ	Dhaaseh Eaek Nihaariaa Sabh Kashh Dhaevanehaar ||	His slaves have gazed upon the One Lord, the Giver of everything.	ਹੇ ਨਾਨਕ! ਪ੍ਰਭੂ ਦੇ ਸੇਵਕਾਂ ਨੇ ਇਹ ਵੇਖ ਲਿਆ ਹੈ (ਇਹ ਨਿਸਚਾ ਕਰ ਲਿਆ ਹੈ) ਕਿ ਹਰੇਕ ਦਾਤ ਪ੍ਰਭੂ ਆਪ ਹੀ ਦੇਣ ਵਾਲਾ ਹੈ।
11313	257	ਸਾਸਿ ਸਾਸਿ ਸਿਮਰਤ ਰਹਹਿ ਨਾਨਕ ਦਰਸ ਅਧਾਰ॥੧॥		Saas Saas Simarath Rehehi Naanak Dharas Adhhaar ||1||	They continue to contemplate Him with each and every breath; O Nanak, the Blessed Vision of His Darshan is their Support. ||1||	(ਇਸ ਵਾਸਤੇ ਉਹ ਮਾਇਆ ਦੀ ਟੇਕ ਰੱਖਣ ਦੇ ਥਾਂ) ਪ੍ਰਭੂ ਦੇ ਦੀਦਾਰ ਨੂੰ (ਆਪਣੀ ਜ਼ਿੰਦਗੀ ਦਾ) ਆਸਰਾ ਬਣਾ ਕੇ ਸੁਆਸ ਸੁਆਸ ਉਸ ਨੂੰ ਯਾਦ ਕਰਦੇ ਹਨ ॥੧॥
11314	257	ਪਉੜੀ॥		Pourree ||	Pauree:	ਪਉੜੀ
11315	257	ਦਦਾ ਦਾਤਾ ਏਕੁ ਹੈ ਸਭ ਕਉ ਦੇਵਨਹਾਰ॥		Dhadhaa Dhaathaa Eaek Hai Sabh Ko Dhaevanehaar ||	DADDA: The One Lord is the Great Giver; He is the Giver to all.	ਇਕ ਪ੍ਰਭੂ ਹੀ (ਐਸਾ) ਦਾਤਾ ਹੈ ਜੋ ਸਭ ਜੀਵਾਂ ਨੂੰ ਰਿਜ਼ਕ ਅਪੜਾਣ ਦੇ ਸਮਰਥ ਹੈ,

11316	257	ਦੇਂਦੇ ਤੋਟਿ ਨ ਆਵਈ ਅਗਨਤ ਭਰੇ ਭੰਡਾਰ॥	ਅ-ਗਨਤ	Dhaenadhae Thott N Aavee Aganath Bharae Bhanddaar ||	There is no limit to His Giving. His countless warehouses are filled to overflowing.	ਉਸ ਦੇ ਬੇਅੰਤ ਖ਼ਜ਼ਾਨੇ ਭਰੇ ਪਏ ਹਨ, ਵੰਡਦਿਆਂ ਖ਼ਜ਼ਾਨਿਆਂ ਵਿਚ ਤੋਟ ਨਹੀਂ ਆਉਂਦੀ।
11317	257	ਦੈਨਹਾਰੁ ਸਦ ਜੀਵਨਹਾਰਾ॥		Dhainehaar Sadh Jeevanehaaraa ||	The Great Giver is alive forever.	ਦਾਤਾਰ ਜੋ ਸਦਾ ਤੇਰੇ ਸਿਰ ਤੇ ਮੌਜੂਦ ਹੈ,
11318	257	ਮਨ ਮੂਰਖ ਕਿਉ ਤਾਹਿ ਬਿਸਾਰਾ॥		Man Moorakh Kio Thaahi Bisaaraa ||	O foolish mind, why have you forgotten Him?	ਹੇ ਮੂਰਖ ਮਨ! ਤੂੰ ਉਸ ਨੂੰ ਕਿਉਂ ਭੁਲਾਂਦਾ ਹੈਂ?
11319	257	ਦੋਸੁ ਨਹੀ ਕਾਹੂ ਕਉ ਮੀਤਾ॥		Dhos Nehee Kaahoo Ko Meethaa ||	No one is at fault, my friend.	ਪਰ ਹੇ ਮਿੱਤਰ! ਕਿਸੇ ਜੀਵ ਨੂੰ ਇਹ ਦੋਸ਼ ਭੀ ਨਹੀਂ ਦਿੱਤਾ ਜਾ ਸਕਦਾ (ਕਿ ਮਾਇਆ ਦੇ ਮੋਹ ਵਿਚ ਫਸ ਕੇ ਤੂੰ ਦਾਤਾਰ ਨੂੰ ਕਿਉਂ ਵਿਸਾਰ ਰਿਹਾ ਹੈਂ)
11320	257	ਮਾਇਆ ਮੋਹ ਬੰਧੁ ਪ੍ਰਭਿ ਕੀਤਾ॥		Maaeiaa Moh Bandhh Prabh Keethaa ||	God created the bondage of emotional attachment to Maya.	(ਅਸਲ ਗੱਲ ਇਹ ਹੈ ਕਿ ਜੀਵ ਦੇ ਆਤਮਕ ਜੀਵਨ ਦੇ ਰਾਹ ਵਿਚ) ਪ੍ਰਭੂ ਨੇ ਆਪ ਹੀ ਮਾਇਆ ਦੀ ਮੋਹ ਦਾ ਬੰਨ੍ਹ ਬਣਾ ਦਿੱਤਾ ਹੈ।
11321	257	ਦਰਦ ਨਿਵਾਰਹਿ ਜਾ ਕੇ ਆਪੇ॥		Dharadh Nivaarehi Jaa Kae Aapae ||	He Himself removes the pains of the Gurmukh;	ਹੇ ਪ੍ਰਭੂ! ਜਿਨ੍ਹਾਂ ਬੰਦਿਆਂ ਦੇ ਦਿਲ ਵਿਚੋਂ ਤੂੰ ਆਪ ਹੀ (ਮਾਇਆ ਦੇ ਮੋਹ ਦੀਆਂ) ਚੋਭਾਂ ਦੂਰ ਕਰਦਾ ਹੈਂ,
11322	257	ਨਾਨਕ ਤੇ ਤੇ ਗੁਰਮੁਖਿ ਧ੍ਰਾਪੇ॥੩੪॥	(ਧ੍ਰਾਪੇ) ਤ੍ਰਿਪਤ ਹੋਏ	Naanak Thae Thae Guramukh Dhhraapae ||34||	O Nanak, he is fulfilled. ||34||	ਹੇ ਨਾਨਕ! (ਆਖ-) ਉਹ ਗੁਰੂ ਦੀ ਸਰਨ ਪੈ ਕੇ ਮਾਇਆ ਵਲੋਂ ਰੱਜ ਜਾਂਦੇ ਹਨ (ਤ੍ਰਿਸ਼ਨਾ ਮੁਕਾ ਲੈਂਦੇ ਹਨ) ॥੩੪॥

11323	257	ਸਲੋਕੁ॥		Salok ||	Shalok:	
11324	257	ਧਰ ਜੀਅਰੇ ਇਕ ਟੇਕ ਤੂ ਲਾਹਿ ਬਿਡਾਨੀ ਆਸ॥	(ਟੇਕ) ਆਸਰਾ। (ਬਿਡਾਨੀ) ਬਿਗਾਨੀ	Dhhar Jeearae Eik Ttaek Thoo Laahi Biddaanee Aas ||	O my soul, grasp the Support of the One Lord; give up your hopes in others.	ਹੇ ਮੇਰੀ ਜਿੰਦੇ! ਸਿਰਫ਼ ਪਰਮਾਤਮਾ ਦਾ ਆਸਰਾ ਲੈ, ਉਸ ਤੋਂ ਬਿਨਾ ਕਿਸੇ ਹੋਰ (ਦੀ ਸਹਾਇਤਾ) ਦੀ ਆਸ ਲਾਹ ਦੇ।
11325	257	ਨਾਨਕ ਨਾਮੁ ਧਿਆਈਐ ਕਾਰਜੁ ਆਵੈ ਰਾਸਿ॥੧॥		Naanak Naam Dhhiaaeeai Kaaraj Aavai Raas ||1||	O Nanak, meditating on the Naam, the Name of the Lord, your affairs shall be resolved. ||1||	ਹੇ ਨਾਨਕ! ਸਦਾ ਪ੍ਰਭੂ ਦੀ ਯਾਦ ਮਨ ਵਿਚ ਵਸਾਈ ਚਾਹੀਦੀ ਹੈ, ਹਰੇਕ ਕੰਮ ਸਿਰੇ ਚੜ੍ਹ ਜਾਂਦਾ ਹੈ ॥੧॥
11326	257	ਪਉੜੀ॥		Pourree ||	Pauree:	ਪਉੜੀ
11327	257	ਧਧਾ ਧਾਵਤ ਤਉ ਮਿਟੈ ਸੰਤਸੰਗਿ ਹੋਇ ਬਾਸੁ॥		Dhhadhhaa Dhhaavath Tho Mittai Santhasang Hoe Baas ||	DHADHA: The mind's wanderings cease, when one comes to dwell in the Society of the Saints.	ਜੇ ਸੰਤਾਂ ਦੀ ਸੰਗਤਿ ਵਿਚ ਬਹਣ-ਖਲੋਣ ਹੋ ਜਾਏ, ਤਾਂ (ਮਾਇਆ ਦੀ ਖ਼ਾਤਰ ਮਨ ਦੀ ਬੇ-ਸਬਰੀ ਵਾਲੀ) ਭਟਕਣਾ ਮਿਟ ਜਾਂਦੀ ਹੈ।
11328	257	ਧੁਰ ਤੇ ਕਿਰਪਾ ਕਰਹੁ ਆਪਿ ਤਉ ਹੋਇ ਮਨਹਿ ਪਰਗਾਸੁ॥		Dhhur Thae Kirapaa Karahu Aap Tho Hoe Manehi Paragaas ||	If the Lord is Merciful from the very beginning, then one's mind is enlightened.	(ਪਰ ਇਹ ਕੋਈ ਸੌਖੀ ਖੇਡ ਨਹੀਂ। ਹੇ ਪ੍ਰਭੂ!) ਜਿਸ ਜੀਵ ਉਤੇ ਤੂੰ ਆਪਣੇ ਦਰ ਤੋਂ ਮਿਹਰ ਕਰਦਾ ਹੈਂ, ਉਸੇ ਦੇ ਮਨ ਵਿਚ ਜੀਵਨ ਦੀ ਸਹੀ ਸੂਝ ਪੈਂਦੀ ਹੈ (ਤੇ ਉਸ ਦੀ ਭਟਕਣਾ ਮੁੱਕਦੀ ਹੈ)।

11329	257	ਧਨੁ ਸਾਚਾ ਤੇਊ ਸਚ ਸਾਹਾ॥		Dhhan Saachaa Thaeoo Sach Saahaa ||	Those who have the true wealth are the true bankers.	(ਉਸ ਨੂੰ ਇਹ ਗਿਆਨ ਹੁੰਦਾ ਹੈ ਕਿ) ਅਸਲ ਸੱਚੇ ਸਾਹੂਕਾਰ ਉਹ ਹਨ (ਜਿਨ੍ਹਾਂ ਪਾਸ ਸਦਾ-ਥਿਰ ਰਹਿਣ ਵਾਲਾ ਨਾਮ-ਧਨ ਹੈ,
11330	257	ਹਰਿ ਹਰਿ ਪੂੰਜੀ ਨਾਮ ਬਿਸਾਹਾ॥	(ਬਿਸਾਹਾ) ਵਪਾਰ	Har Har Poonjee Naam Bisaahaa ||	The Lord, Har, Har, is their wealth, and they trade in His Name.	ਜੋ ਹਰੀ-ਨਾਮ ਦੀ ਪੂੰਜੀ ਦਾ ਵਣਜ ਕਰਦੇ ਹਨ।
11331	257	ਧੀਰਜੁ ਜਸੁ ਸੋਭਾ ਤਿਹ ਬਨਿਆ॥		Dhheeraj Jas Sobhaa Thih Baniaa ||	Patience, glory and honor come to those	ਉਹਨਾਂ ਦੇ ਅੰਦਰ ਗੰਭੀਰਤਾ ਆਉਂਦੀ ਹੈ, ਉਹ ਵਡਿਆਈ ਸੋਭਾ ਖੱਟਦੇ ਹਨ,
11332	257	ਹਰਿ ਹਰਿ ਨਾਮੁ ਸ੍ਰਵਨ ਜਿਹ ਸੁਨਿਆ॥		Har Har Naam Sravan Jih Suniaa ||	Who listen to the Name of the Lord, Har, Har.	ਜੇਹੜੇ ਬੰਦੇ ਹਰੀ-ਨਾਮ ਕੰਨਾਂ ਨਾਲ (ਧਿਆਨ ਨਾਲ) ਸੁਣਦੇ ਰਹਿੰਦੇ ਹਨ।
11333	257	ਗੁਰਮੁਖਿ ਜਿਹ ਘਟਿ ਰਹੇ ਸਮਾਈ॥		Guramukh Jih Ghatt Rehae Samaaee ||	That Gurmukh whose heart remains merged with the Lord,	ਗੁਰੂ ਦੀ ਰਾਹੀਂ ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਵੱਸਦਾ ਹੈ,
11334	257	ਨਾਨਕ ਤਿਹ ਜਨ ਮਿਲੀ ਵਡਾਈ॥੩੫॥		Naanak Thih Jan Milee Vaddaaee ||35||	O Nanak, obtains glorious greatness. ||35||	ਹੇ ਨਾਨਕ! ਉਹਨਾਂ ਨੂੰ (ਲੋਕ ਪਰਲੋਕ ਵਿਚ) ਵਡਿਆਈ ਮਿਲਦੀ ਹੈ ॥੩੫॥
11335	257	ਸਲੋਕੁ॥		Salok ||	Shalok:	

11336	257	ਨਾਨਕ ਨਾਮੁ ਨਾਮੁ ਜਪੁ ਜਪਿਆ ਅੰਤਰਿ ਬਾਹਰਿ ਰੰਗਿ॥		Naanak Naam Naam Jap Japiaa Anthar Baahar Rang ||	O Nanak, one who chants the Naam, and meditates on the Naam with love inwardly and outwardly,	ਜਿਨ੍ਹਾਂ ਬੰਦਿਆਂ ਨੇ ਕੰਮ-ਕਾਰ ਕਰਦਿਆਂ ਪਿਆਰ ਨਾਲ ਪ੍ਰਭੂ ਦਾ ਨਾਮ ਹੀ ਨਾਮ ਜਪਿਆ ਹੈ (ਕਿਸੇ ਵੇਲੇ ਵਿਸਾਰਿਆ ਨਹੀਂ)
11337	257	ਗੁਰਿ ਪੂਰੈ ਉਪਦੇਸਿਆ ਨਰਕੁ ਨਾਹਿ ਸਾਧਸੰਗਿ॥੧॥		Gur Poorai Oupadhaesiaa Narak Naahi Saadhhasang ||1||	Receives the Teachings from the Perfect Guru; he joins the Saadh Sangat, the Company of the Holy, and does not fall into hell. ||1||	ਹੇ ਨਾਨਕ! ਉਹਨਾਂ ਨੂੰ ਪੂਰੇ ਗੁਰੂ ਨੇ ਪਰਮਾਤਮਾ ਆਪਣੇ ਨੇੜੇ ਵਿਖਾ ਦਿੱਤਾ ਹੈ, ਗੁਰੂ ਦੀ ਸੰਗਤਿ ਵਿਚ ਰਹਿ ਕੇ ਉਹਨਾਂ ਨੂੰ ਘੋਰ ਦੁੱਖ ਨਹੀਂ ਪੋਂਹਦਾ ॥੧॥
11338	257	ਪਉੜੀ॥		Pourree ||	Pauree:	ਪਉੜੀ
11339	257	ਨੰਨਾ ਨਰਕਿ ਪਰਹਿ ਤੇ ਨਾਹੀ॥		Nannaa Narak Parehi Thae Naahee ||	NANNA: Those whose minds and bodies are filled with the Naam,	ਉਹ ਘੋਰ ਦੁੱਖਾਂ ਦੇ ਟੋਏ ਵਿਚ ਨਹੀਂ ਪੈਂਦੇ,
11340	257	ਜਾ ਕੈ ਮਨਿ ਤਨਿ ਨਾਮੁ ਬਸਾਹੀ॥		Jaa Kai Man Than Naam Basaahee ||	The Name of the Lord, shall not fall into hell.	ਜਿਨ੍ਹਾਂ ਦੇ ਮਨ ਵਿਚ ਤਨ ਵਿਚ ਪ੍ਰਭੂ ਦਾ ਨਾਮ ਵੱਸਿਆ ਰਹਿੰਦਾ ਹੈ।
11341	257	ਨਾਮੁ ਨਿਧਾਨੁ ਗੁਰਮੁਖਿ ਜੋ ਜਪਤੇ॥		Naam Nidhhaan Guramukh Jo Japathae ||	Those Gurmukhs who chant the treasure of the Naam,	ਜੇਹੜੇ ਬੰਦੇ ਗੁਰੂ ਦੀ ਰਾਹੀਂ ਪ੍ਰਭੂ-ਨਾਮ ਨੂੰ ਸਭ ਪਦਾਰਥਾਂ ਦਾ ਖ਼ਜ਼ਾਨਾ ਜਾਣ ਕੇ ਜਪਦੇ ਹਨ,

11342	257	ਬਿਖੁ ਮਾਇਆ ਮਹਿ ਨਾ ਓਇ ਖਪਤੇ॥		Bikh Maaeiaa Mehi Naa Oue Khapathae ||	Are not destroyed by the poison of Maya.	ਉਹ (ਫਿਰ) ਆਤਮਕ ਮੌਤੇ ਮਾਰਨ ਵਾਲੀ ਮਾਇਆ (ਦੇ ਮੋਹ) ਵਿਚ (ਦੌੜ-ਭਜ ਕਰਦੇ) ਨਹੀਂ ਖਪਦੇ।
11343	257	ਨੰਨਾਕਾਰੁ ਨ ਹੋਤਾ ਤਾ ਕਹੁ॥	(ਨੰਨਾਕਾਰੁ) ਰੋਕ ਟੋਕ	Nannaakaar N Hothaa Thaa Kahu ||	Those who have been given the Mantra of the Naam by the Guru,	ਉਹਨਾਂ ਦੇ ਜੀਵਨ-ਸਫ਼ਰ ਵਿਚ (ਮਾਇਆ) ਕੋਈ ਰੋਕ ਨਹੀਂ ਪਾ ਸਕਦੀ,
11344	257	ਨਾਮੁ ਮੰਤ੍ਰੁ ਗੁਰਿ ਦੀਨੋ ਜਾ ਕਹੁ॥		Naam Manthra Gur Dheeno Jaa Kahu ||	Shall not be turned away.	ਜਿਨ੍ਹਾਂ ਨੂੰ ਗੁਰੂ ਨੇ ਨਾਮ-ਮੰਤ੍ਰ ਦੇ ਦਿੱਤਾ।
11345	258	ਨਿਧਿ ਨਿਧਾਨ ਹਰਿ ਅੰਮ੍ਰਿਤ ਪੂਰੇ॥		Nidhh Nidhhaan Har Anmrith Poorae ||	They are filled and fulfilled with the Ambrosial Nectar of the Lord, the Treasure of sublime wealth;	ਜੇਹੜੇ ਹਿਰਦੇ ਸਭ ਗੁਣਾਂ ਦੇ ਖ਼ਜ਼ਾਨੇ ਹਰੀ-ਨਾਮ ਅੰਮ੍ਰਿਤ ਨਾਲ ਭਰੇ ਰਹਿੰਦੇ ਹਨ,
11346	258	ਤਹ ਬਾਜੇ ਨਾਨਕ ਅਨਹਦ ਤੂਰੇ॥੩੬॥	(ਅਨਹਦ) ਇੱਕਰਸ	Theh Baajae Naanak Anehadh Thoorae ||36||	O Nanak, the unstruck celestial melody vibrates for them. ||36||	ਹੇ ਨਾਨਕ! ਉਹਨਾਂ ਦੇ ਅੰਦਰ ਇਕ ਐਸਾ ਆਨੰਦ ਬਣਿਆ ਰਹਿੰਦਾ ਹੈ ਜਿਵੇਂ ਇਕ-ਰਸ ਸਭ ਕਿਸਮਾਂ ਦੇ ਵਾਜੇ ਮਿਲਵੀਂ ਸੁਰ ਵਿਚ ਵੱਜ ਰਹੇ ਹੋਣ ॥੩੬॥
11347	258	ਸਲੋਕੁ॥		Salok ||	Shalok:	

11348	258	ਪਤਿ ਰਾਖੀ ਗੁਰਿ ਪਾਰਬ੍ਰਹਮ ਤਜਿ ਪਰਪੰਚ ਮੋਹ ਬਿਕਾਰ॥	(ਪਰਪੰਚ) ਧੋਖਾ ਛਲ਼	Path Raakhee Gur Paarabreham Thaj Parapanch Moh Bikaar ||	The Guru, the Supreme Lord God, preserved my honor, when I renounced hypocrisy, emotional attachment and corruption.	ਜਿਸ ਮਨੁੱਖ ਦੀ ਇੱਜ਼ਤ ਗੁਰੂ ਪਾਰਬ੍ਰਹਮ ਨੇ ਰੱਖ ਲਈ, ਉਸ ਨੇ ਠੱਗੀ ਮੋਹ ਵਿਕਾਰ (ਆਦਿਕ) ਤਿਆਗ ਦਿੱਤੇ।
11349	258	ਨਾਨਕ ਸੋਊ ਆਰਾਧੀਐ ਅੰਤੁ ਨ ਪਾਰਾਵਾਰੁ॥੧॥		Naanak Sooo Aaraadhheeai Anth N Paaraavaar ||1||	O Nanak, worship and adore the One, who has no end or limitation. ||1||	ਹੇ ਨਾਨਕ! (ਇਸ ਵਾਸਤੇ) ਉਸ ਪਾਰਬ੍ਰਹਮ ਨੂੰ ਸਦਾ ਅਰਾਧਣਾ ਚਾਹੀਦਾ ਹੈ ਜਿਸ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਜਿਸ ਦੀ ਹਸਤੀ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ ॥੧॥
11350	258	ਪਉੜੀ॥		Pourree ||	Pauree:	ਪਉੜੀ
11351	258	ਪਪਾ ਪਰ ਮਿਤਿ ਪਾਰੁ ਨ ਪਾਇਆ॥	ਪੱਪਾ। ਮਿਤਿ: ਪੋਲਾ ਬੋਲੋ	Papaa Paramith Paar N Paaeiaa ||	PAPPA: He is beyond estimation; His limits cannot be found.	ਹਰੀ ਪ੍ਰਭੂ ਦੀ ਹਸਤੀ ਦਾ ਅੰਦਾਜ਼ਾ ਨਹੀਂ ਲੱਗ ਸਕਦਾ, ਅੰਤ ਨਹੀਂ ਪੈ ਸਕਦਾ।
11352	258	ਪਤਿਤ ਪਾਵਨ ਅਗਮ ਹਰਿ ਰਾਇਆ॥		Pathith Paavan Agam Har Raaeiaa ||	The Sovereign Lord King is inaccessible;	ਉਹ ਅਪਹੁੰਚ ਹੈ, ਵਿਕਾਰਾਂ ਵਿਚ ਡਿੱਗੇ ਬੰਦਿਆਂ ਨੂੰ ਪਵਿਤ੍ਰ ਕਰਨ ਵਾਲਾ ਹੈ।
11353	258	ਹੋਤ ਪੁਨੀਤ ਕੋਟ ਅਪਰਾਧੂ॥		Hoth Puneeth Kott Aparaadhhoo ||	He is the Purifier of sinners. Millions of sinners are purified;	ਕ੍ਰੋੜਾਂ ਹੀ ਉਹ ਅਪਰਾਧੀ ਪਵਿਤ੍ਰ ਹੋ ਜਾਂਦੇ ਹਨ,

11354	258	ਅੰਮ੍ਰਿਤ ਨਾਮੁ ਜਪਹਿ ਮਿਲਿ ਸਾਧੂ॥		Anmrith Naam Japehi Mil Saadhhoo ||	They meet the Holy, and chant the Ambrosial Naam, the Name of the Lord.	ਜੇਹੜੇ ਗੁਰੂ ਨੂੰ ਮਿਲ ਕੇ ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਜਪਦੇ ਹਨ।
11355	258	ਪਰਪਚ ਧ੍ਰੋਹ ਮੋਹ ਮਿਟ ਨਾਈ॥	ਪਰ-ਪਚ:ਪੋਲਾ ਬੋਲੋ। (ਪਰਪਚ) ਛਲ। ਮਿਟ: ਪੋਲਾ ਬੋਲੋ। ਨਾਈ: ਨੰਨੇ ਹਲੰਤ ਨ ਬੋਲੋ	Parapach Dhhroh Moh Mittanaaee ||	Deception, fraud and emotional attachment are eliminated,	ਤੇਰੀ ਸਿਫ਼ਤ-ਸਾਲਾਹ ਦੀ ਬਰਕਤਿ ਨਾਲ ਉਸ ਮਨੁੱਖ ਦੇ ਅੰਦਰੋਂ ਠੱਗੀ ਫ਼ਰੇਬ ਮੋਹ ਆਦਿਕ ਵਿਕਾਰ ਮਿਟ ਜਾਂਦੇ ਹਨ,
11356	258	ਜਾ ਕਉ ਰਾਖਹੁ ਆਪਿ ਗੁਸਾਈ॥	ਗੁਸਾਂਈਂ	Jaa Ko Raakhahu Aap Gusaaee ||	By those who are protected by the Lord of the World.	ਹੇ ਸ੍ਰਿਸ਼ਟੀ ਦੇ ਮਾਲਕ! ਜਿਸ ਦੀ ਤੂੰ ਆਪ ਰੱਖਿਆ ਕਰਦਾ ਹੈਂ।
11357	258	ਪਾਤਿਸਾਹੁ ਛਤ੍ਰ ਸਿਰ ਸੋਊ॥		Paathisaahu Shhathr Sir Sooo ||	He is the Supreme King, with the royal canopy above His Head.	ਪ੍ਰਭੂ ਸ਼ਾਹਾਂ ਦਾ ਸ਼ਾਹ ਹੈ, ਉਹੀ ਅਸਲ ਛੱਤਰ-ਧਾਰੀ ਹੈ,
11358	258	ਨਾਨਕ ਦੂਸਰ ਅਵਰੁ ਨ ਕੋਊ॥੩੭॥		Naanak Dhoosar Avar N Kooo ||37||	O Nanak, there is no other at all. ||37||	ਹੇ ਨਾਨਕ! ਕੋਈ ਹੋਰ ਦੂਜਾ ਉਸ ਦੀ ਬਰਾਬਰੀ ਕਰਨ ਜੋਗਾ ਨਹੀਂ ਹੈ ॥੩੭॥
11359	258	ਸਲੋਕੁ॥		Salok ||	Shalok:	
11360	258	ਫਾਹੇ ਕਾਟੇ ਮਿਟੇ ਗਵਨ ਫਤਿਹ ਭਈ ਮਨਿ ਜੀਤ॥		Faahae Kaattae Mittae Gavan Fathih Bhee Man Jeeth ||	The noose of Death is cut and one's wanderings cease; victory is obtained when one conquers his own mind.	ਜੇ ਆਪਣੇ ਮਨ ਨੂੰ ਜਿੱਤ ਲਈਏ, (ਵੱਸ ਵਿਚ ਕਰ ਲਈਏ) ਤਾਂ (ਵਿਕਾਰਾਂ ਉਤੇ) ਜਿੱਤ ਪ੍ਰਾਪਤ ਹੋ ਜਾਂਦੀ ਹੈ, ਮਾਇਆ ਦੇ ਮੋਹ ਦੇ ਬੰਧਨ ਕੱਟੇ ਜਾਂਦੇ ਹਨ, ਤੇ (ਮਾਇਆ ਪਿਛੇ) ਭਟਕਣਾ ਮੁੱਕ ਜਾਂਦੀ ਹੈ।

11361	258	ਨਾਨਕ ਗੁਰ ਤੇ ਥਿਤ ਪਾਈ ਫਿਰਨ ਮਿਟੇ ਨਿਤ ਨੀਤ॥੧॥	ਜੰਮਣ ਮਰਨ ਔਗੁਣਾਂ ਚ (ਫਿਰਨ) ਫਿਰਨਾ।(ਨੀਤ) ਨਿੱਤ ਨਿੱਤ ਦਾ। ਥਿੱਤ। (ਦੂਜਾ ਪਾਠ: ਫਿਰ ਨ)	Naanak Gur Thae Thhith Paaee Firan Mittae Nith Neeth ||1||	O Nanak, eternal stability is obtained from the Guru, and one's day-to-day wanderings cease. ||1||	ਹੇ ਨਾਨਕ! ਜਿਸ ਮਨੁੱਖ ਨੂੰ ਗੁਰੂ ਪਾਸੋਂ ਮਨ ਦੀ ਅਡੋਲਤਾ ਮਿਲ ਜਾਂਦੀ ਹੈ, ਉਸ ਦੇ ਜਨਮ ਮਰਨ ਦੇ ਗੇੜ ਸਦਾ ਲਈ ਮੁੱਕ ਜਾਂਦੇ ਹਨ ॥੧॥
11362	258	ਪਉੜੀ॥		Pourree ||	Pauree:	ਪਉੜੀ
11363	258	ਫਫਾ ਫਿਰਤ ਫਿਰਤ ਤੂ ਆਇਆ॥		Fafaa Firath Firath Thoo Aaeiaa ||	FAFFA: After wandering and wandering for so long, you have come;	(ਹੇ ਭਾਈ!) ਤੂੰ ਅਨੇਕਾਂ ਜੂਨਾਂ ਵਿਚ ਭਟਕਦਾ ਆਇਆ ਹੈਂ,
11364	258	ਦੁਲਭ ਦੇਹ ਕਲਿਜੁਗ ਮਹਿ ਪਾਇਆ॥		Dhraalabh Dhaeh Kalijug Mehi Paaeiaa ||	In this Dark Age of Kali Yuga, you have obtained this human body, so very difficult to obtain.	ਹੁਣ ਤੈਨੂੰ ਸੰਸਾਰ ਵਿਚ ਇਹ ਮਨੁੱਖਾ ਜਨਮ ਮਿਲਿਆ ਹੈ ਜੋ ਬੜੀ ਮੁਸ਼ਕਲ ਨਾਲ ਹੀ ਮਿਲਿਆ ਕਰਦਾ ਹੈ।
11365	258	ਫਿਰਿ ਇਆ ਅਉਸਰੁ ਚਰੈ ਨ ਹਾਥਾ॥	ਚਰ੍ਹੈ	Fir Eiaa Aousar Charai N Haathhaa ||	This opportunity shall not come into your hands again.	(ਜੇ ਤੂੰ ਹੁਣ ਭੀ ਵਿਕਾਰਾਂ ਦੇ ਬੰਧਨਾਂ ਵਿਚ ਹੀ ਫਸਿਆ ਰਿਹਾ, ਤਾਂ) ਅਜੇਹਾ (ਸੋਹਣਾ) ਮੌਕਾ ਫਿਰ ਨਹੀਂ ਮਿਲੇਗਾ।
11366	258	ਨਾਮੁ ਜਪਹੁ ਤਉ ਕਟੀਅਹਿ ਫਾਸਾ॥		Naam Japahu Tho Katteeahi Faasaa ||	So chant the Naam, the Name of the Lord, and the noose of Death shall be cut away.	(ਹੇ ਭਾਈ!) ਜੇ ਤੂੰ ਪ੍ਰਭੂ ਦਾ ਨਾਮ ਜਪੇਂਗਾ, ਤਾਂ ਮਾਇਆ ਵਾਲੇ ਸਾਰੇ ਬੰਧਨ ਕੱਟੇ ਜਾਣਗੇ।

11367	258	ਫਿਰਿ ਫਿਰਿ ਆਵਨ ਜਾਨੁ ਨ ਹੋਈ॥		Fir Fir Aavan Jaan N Hoee ||	You shall not have to come and go in reincarnation over and over again,	ਮੁੜ ਮੁੜ ਜਨਮ ਮਰਨ ਦਾ ਗੇੜ ਨਹੀਂ ਰਹਿ ਜਾਇਗਾ।
11368	258	ਏਕਹਿ ਏਕ ਜਪਹੁ ਜਪੁ ਸੋਈ॥		Eaekehi Eaek Japahu Jap Soee ||	If you chant and meditate on the One and Only Lord.	ਕੇਵਲ ਇਕ ਪਰਮਾਤਮਾ ਦਾ ਜਾਪ ਕਰਿਆ ਕਰ।
11369	258	ਕਰਹੁ ਕ੍ਰਿਪਾ ਪ੍ਰਭ ਕਰਨੈਹਾਰੇ॥		Karahu Kirapaa Prabh Karanaihaarae ||	Shower Your Mercy, O God, Creator Lord,	(ਪਰ) ਹੇ ਸਿਰਜਣਹਾਰ ਪ੍ਰਭੂ! (ਮਾਇਆ-ਗ੍ਰਸੇ ਜੀਵ ਦੇ ਵੱਸ ਦੀ ਗੱਲ ਨਹੀਂ), ਤੂੰ ਆਪ ਕਿਰਪਾ ਕਰ,
11370	258	ਮੇਲਿ ਲੇਹੁ ਨਾਨਕ ਬੇਚਾਰੇ॥੩੮॥		Mael Laehu Naanak Baechaarae ||38||	And unite poor Nanak with Yourself. ||38||	ਹੇ ਨਾਨਕ! (ਪ੍ਰਭੂ ਅੱਗੇ ਅਰਦਾਸ ਕਰ ਤੇ ਆਖ-) ਇਸ ਵਿਚਾਰੇ ਨੂੰ ਆਪਣੇ ਚਰਨਾਂ ਵਿਚ ਜੋੜ ਲੈ ॥੩੮॥
11371	258	ਸਲੋਕੁ॥		Salok ||	Shalok:	
11372	258	ਬਿਨਉ ਸੁਨਹੁ ਤੁਮ ਪਾਰਬ੍ਰਹਮ ਦੀਨ ਦਇਆਲ ਗੁਪਾਲ॥		Bino Sunahu Thum Paarabreham Dheen Dhaeiaal Gupaal ||	Hear my prayer, O Supreme Lord God, Merciful to the meek, Lord of the World.	ਹੇ ਪਾਰਬ੍ਰਹਮ! ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਹੇ ਧਰਤੀ ਦੇ ਪਾਲਣਹਾਰ! ਮੇਰੀ ਬੇਨਤੀ ਸੁਣ।
11373	258	ਸੁਖ ਸੰਪੈ ਬਹੁ ਭੋਗ ਰਸ ਨਾਨਕ ਸਾਧ ਰਵਾਲ॥੧॥	(ਸੰਪੈ) ਧਨ	Sukh Sanpai Bahu Bhog Ras Naanak Saadhh Ravaal ||1||	The dust of the feet of the Holy is peace, wealth, great enjoyment and pleasure for Nanak. ||1||	ਹੇ ਨਾਨਕ! (ਅਰਦਾਸ ਕਰ ਤੇ ਆਖ-) (ਮੈਨੂੰ ਸੁਮਤਿ ਦੇਹ ਕਿ) ਗੁਰਮੁਖਾਂ ਦੀ ਚਰਨ-ਧੂੜ ਹੀ ਮੈਨੂੰ ਅਨੇਕਾਂ ਸੁਖਾਂ ਧਨ-ਪਦਾਰਥ ਤੇ ਅਨੇਕਾਂ ਰਸਾਂ ਦੇ ਭੋਗ ਦੇ ਬਰਾਬਰ ਜਾਪੇ ॥੧॥

11374	258	ਪਉੜੀ॥		Pourree ||	Pauree:	ਪਉੜੀ
11375	258	ਬਬਾ ਬ੍ਰਹਮੁ ਜਾਨਤ ਤੇ ਬ੍ਰਹਮਾ॥	(ਬ੍ਰਹਮਾ) ਬ੍ਰਹਮ	Babaa Breham Jaanath Thae Brehamaa ||	BABBA: One who knows God is a Brahmin.	ਅਸਲ ਬ੍ਰਾਹਮਣ ਉਹ ਹਨ ਜੋ ਬ੍ਰਹਮ (ਪਰਮਾਤਮਾ) ਨਾਲ ਸਾਂਝ ਪਾਂਦੇ ਹਨ,
11376	258	ਬੈਸਨੋ ਤੇ ਗੁਰਮੁਖਿ ਸੁਚ ਧਰਮਾ॥		Baisano Thae Guramukh Such Dhharamaa ||	A Vaishnaav is one who, as Gurmukh, lives the righteous life of Dharma.	ਅਸਲ ਵੈਸ਼ਨੋ ਉਹ ਹਨ ਜੋ ਗੁਰੂ ਦੀ ਸ਼ਰਨ ਪੈ ਕੇ ਆਤਮਕ ਪਵਿਤ੍ਰਤਾ ਦੇ ਫ਼ਰਜ਼ ਨੂੰ ਪਾਲਦੇ ਹਨ।
11377	258	ਬੀਰਾ ਆਪਨ ਬੁਰਾ ਮਿਟਾਵੈ॥	(ਬੀਰਾ) ਬਹਾਦਰ	Beeraa Aapan Buraa Mittaavai ||	One who eradicates his own evil is a brave warrior;	ਉਹ ਮਨੁੱਖ ਸੂਰਮਾ ਜਾਣੋ ਜੇਹੜਾ (ਮਿਥੇ ਹੋਏ ਵੈਰੀਆਂ ਦਾ ਖੁਰਾ-ਖੋਜ ਮਿਟਾਣ ਦੇ ਥਾਂ) ਆਪਣੇ ਅੰਦਰੋਂ ਦੂਜਿਆਂ ਦਾ ਬੁਰਾ ਮੰਗਣ ਦੇ ਸੁਭਾਵ ਦਾ ਨਿਸ਼ਾਨ ਮਿਟਾ ਦੇਵੇ।
11378	258	ਤਾਹੂ ਬੁਰਾ ਨਿਕਟਿ ਨਹੀ ਆਵੈ॥		Thaahoo Buraa Nikatt Nehee Aavai ||	No evil even approaches him.	(ਜਿਸ ਨੇ ਇਹ ਕਰ ਲਿਆ) ਦੂਜਿਆਂ ਵਲੋਂ ਚਿਤਵੀ ਬੁਰਾਈ ਉਸ ਦੇ ਨੇੜੇ ਨਹੀਂ ਢੁਕਦੀ।
11379	258	ਬਾਧਿਓ ਆਪਨ ਹਉ ਹਉ ਬੰਧਾ॥		Baadhhiou Aapan Ho Ho Bandhhaa ||	Man is bound by the chains of his own egotism, selfishness and conceit.	(ਪਰ ਮਨੁੱਖ) ਆਪ ਹੀ ਆਪਣੀ ਹਉਮੈ ਦੇ ਬੰਧਨਾਂ ਵਿਚ ਬੱਝਾ ਰਹਿੰਦਾ ਹੈ (ਤੇ ਦੂਜਿਆਂ ਨਾਲ ਖਹਿੰਦਾ ਹੈ, ਆਪਣੀ ਕੀਤੀ ਵਧੀਕੀ ਦਾ ਖ਼ਿਆਲ ਤਕ ਨਹੀਂ ਆਉਂਦਾ,
11380	258	ਦੋਸੁ ਦੇਤ ਆਗਹ ਕਉ ਅੰਧਾ॥	(ਆਗਹ) ਹੋਰਾਂ ਨੂੰ	Dhos Dhaeth Aageh Ko Andhhaa ||	The spiritually blind place the blame on others.	ਕਿਸੇ ਵਿਗਾੜ ਦਾ) ਦੋਸ ਇਹ ਅੰਨ੍ਹਾ ਮਨੁੱਖ ਹੋਰਨਾਂ ਤੇ ਲਾਂਦਾ ਹੈ।

11381	258	ਬਾਤ ਚੀਤ ਸਭ ਰਹੀ ਸਿਆਨਪ॥		Baath Cheeth Sabh Rehee Siaanap ||	But all debates and clever tricks are of no use at all.	(ਪਰ ਅਜੇਹਾ ਸੁਭਾਵ ਬਨਾਣ ਲਈ) ਨਿਰੀਆਂ ਗਿਆਨ ਦੀਆਂ ਗੱਲਾਂ ਤੇ ਸਿਆਣਪਾਂ ਦੀ ਪੇਸ਼ ਨਹੀਂ ਜਾ ਸਕਦੀ।
11382	258	ਜਿਸਹਿ ਜਨਾਵਹੁ ਸੋ ਜਾਨੈ ਨਾਨਕ॥੩੯॥		Jisehi Janaavahu So Jaanai Naanak ||39||	O Nanak, he alone comes to know, whom the Lord inspires to know. ||39||	ਹੇ ਨਾਨਕ! (ਪ੍ਰਭੂ ਅਗੇ ਅਰਦਾਸ ਕਰ, ਤੇ ਆਖ-) ਹੇ ਪ੍ਰਭੂ! ਜਿਸ ਨੂੰ ਤੂੰ ਇਸ ਸੁਚੱਜੇ ਜੀਵਨ ਦੀ ਸੂਝ ਬਖ਼ਸ਼ਦਾ ਹੈਂ ਉਹੀ ਸਮਝਦਾ ਹੈ ॥੩੯॥
11383	258	ਸਲੋਕੁ॥		Salok ||	Shalok:	
11384	258	ਭੈ ਭੰਜਨ ਅਘ ਦੂਖ ਨਾਸ ਮਨਹਿ ਅਰਾਧਿ ਹਰੇ॥	ਅਘ:ਪੋਲਾ ਬੋਲੋ। (ਅਘ) ਪਾਪ	Bhai Bhanjan Agh Dhookh Naas Manehi Araadhh Harae ||	The Destroyer of fear, the Eradicator of sin and sorrow - enshrine that Lord in your mind.	(ਹੇ ਭਾਈ! ਸਭ ਪਾਪਾਂ ਦੇ) ਹਰਨ ਵਾਲੇ ਨੂੰ ਆਪਣੇ ਮਨ ਵਿਚ ਯਾਦ ਰੱਖ। ਉਹੀ ਸਾਰੇ ਡਰਾਂ ਦਾ ਦੂਰ ਕਰਨ ਵਾਲਾ ਹੈ, ਉਹੀ ਸਾਰੇ ਪਾਪਾਂ ਦੁੱਖਾਂ ਦਾ ਨਾਸ ਕਰਨ ਵਾਲਾ ਹੈ।
11385	258	ਸੰਤਸੰਗ ਜਿਹ ਰਿਦ ਬਸਿਓ ਨਾਨਕ ਤੇ ਨ ਭ੍ਰਮੇ॥੧॥		Santhasang Jih Ridh Basiou Naanak Thae N Bhramae ||1||	One whose heart abides in the Society of the Saints, O Nanak, does not wander around in doubt. ||1||	ਹੇ ਨਾਨਕ! ਸਤਸੰਗ ਵਿਚ ਰਹਿ ਕੇ ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਉਹ ਹਰੀ ਆ ਟਿਕਦਾ ਹੈ, ਉਹ ਪਾਪਾਂ ਵਿਕਾਰਾਂ ਦੀ ਭਟਕਣਾ ਵਿਚ ਨਹੀਂ ਪੈਂਦੇ ॥੧॥
11386	258	ਪਉੜੀ॥		Pourree ||	Pauree:	ਪਉੜੀ
11387	258	ਭਭਾ ਭਰਮੁ ਮਿਟਾਵਹੁ ਅਪਨਾ॥		Bhabhaa Bharam Mittaavahu Apanaa ||	BHABHA: Cast out your doubt and delusion	(ਹੇ ਭਾਈ!) ਇਸ ਸੰਸਾਰ ਦੇ ਪਿਛੇ ਭਟਕਣ ਦੀ ਬਾਣ ਮਿਟਾ ਦਿਓ।

11388	258	ਇਆ ਸੰਸਾਰੁ ਸਗਲ ਹੈ ਸੁਪਨਾ॥		Eiaa Sansaar Sagal Hai Supanaa ||	This world is just a dream.	ਜਿਵੇਂ ਸੁਪਨਾ ਹੈ (ਜਿਵੇਂ ਸੁਪਨੇ ਵਿਚ ਕਈ ਪਦਾਰਥਾਂ ਨਾਲ ਵਾਹ ਪੈਂਦਾ ਹੈ, ਪਰ ਜਾਗਦਿਆਂ ਹੀ ਉਹ ਸਾਥ ਮੁੱਕ ਜਾਂਦਾ ਹੈ), ਤਿਵੇਂ ਹੀ ਇਸ ਸਾਰੇ ਸੰਸਾਰ ਦਾ ਸਾਥ ਹੈ।
11389	258	ਭਰਮੇ ਸੁਰਿ ਨਰ ਦੇਵੀ ਦੇਵਾ॥		Bharamae Sur Nar Dhaevee Dhaevaa ||	The angelic beings, goddesses and gods are deluded by doubt.	(ਇਸ ਮਾਇਆ ਦੇ ਚੋਜ-ਤਮਾਸ਼ਿਆਂ ਦੀ ਖ਼ਾਤਰ) ਸੁਰਗੀ ਜੀਵ, ਮਨੁੱਖ, ਦੇਵੀ ਦੇਵਤੇ ਖ਼ੁਆਰ ਹੁੰਦੇ (ਸੁਣੀਦੇ ਰਹੇ)।
11390	258	ਭਰਮੇ ਸਿਧ ਸਾਧਿਕ ਬ੍ਰਹਮੇਵਾ॥		Bharamae Sidhh Saadhhik Brehamaevaa ||	The Siddhas and seekers, and even Brahma are deluded by doubt.	ਵੱਡੇ ਵੱਡੇ ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਸਾਧਨ ਕਰਨ ਵਾਲੇ ਜੋਗੀ, ਬ੍ਰਹਮਾ ਵਰਗੇ ਭੀ (ਇਹਨਾਂ ਪਿਛੇ) ਭਟਕਦੇ (ਸੁਣੀਦੇ) ਰਹੇ,
11391	258	ਭਰਮਿ ਭਰਮਿ ਮਾਨੁਖ ਡਹਕਾਏ॥	(ਡਹਕਾਏ) ਛਲੇ	Bharam Bharam Maanukh Ddehakaaeae ||	Wandering around, deluded by doubt, people are ruined.	(ਧਰਤੀ ਦੇ) ਬੰਦੇ (ਮਾਇਕ ਪਦਾਰਥਾਂ ਦੀ ਖ਼ਾਤਰ) ਭਟਕ ਭਟਕ ਕੇ ਧੋਖੇ ਵਿਚ ਆਉਂਦੇ ਚਲੇ ਆ ਰਹੇ ਹਨ,
11392	258	ਦੁਤਰ ਮਹਾ ਬਿਖਮ ਇਹ ਮਾਏ॥	ਦੁੱਤ-ਰ	Dhuthar Mehaa Bikham Eih Maaeae ||	It is so very difficult and treacherous to cross over this ocean of Maya.	ਇਹ ਮਾਇਆ ਇਕ ਐਸਾ ਮਹਾਨ ਔਖਾ (ਸਮੁੰਦਰ) ਹੈ (ਜਿਸ ਵਿਚੋਂ) ਤਰਨਾ ਬਹੁਤ ਹੀ ਕਠਨ ਹੈ।
11393	258	ਗੁਰਮੁਖਿ ਭ੍ਰਮ ਭੈ ਮੋਹ ਮਿਟਾਇਆ॥		Guramukh Bhram Bhai Moh Mittaaeiaa ||	That Gurmukh who has eradicated doubt, fear and attachment,	ਜਿਨ੍ਹਾਂ ਬੰਦਿਆਂ ਨੇ ਗੁਰੂ ਦੀ ਸਰਨ ਪੈ ਕੇ (ਮਾਇਆ ਪਿਛੇ) ਭਟਕਣਾ, ਸਹਮ ਤੇ ਮੋਹ (ਆਪਣੇ ਅੰਦਰੋਂ) ਮਿਟਾ ਲਏ,

11394	258	ਨਾਨਕ ਤੇਹ ਪਰਮ ਸੁਖ ਪਾਇਆ॥੪੦॥		Naanak Thaeh Param Sukh Paaeiaa ||40||	O Nanak, obtains supreme peace. ||40||	ਹੇ ਨਾਨਕ! ਉਹਨਾਂ ਨੇ ਸਭ ਤੋਂ ਸ੍ਰੇਸ਼ਟ ਆਤਮਕ ਆਨੰਦ ਹਾਸਲ ਕਰ ਲਿਆ ਹੈ ॥੪੦॥
11395	258	ਸਲੋਕੁ॥		Salok ||	Shalok:	
11396	258	ਮਾਇਆ ਡੋਲੈ ਬਹੁ ਬਿਧੀ ਮਨੁ ਲਪਟਿਓ ਤਿਹ ਸੰਗ॥	ਬਿਧੀ: ਪੋਲਾ ਬੋਲੋ	Maaeiaa Ddolai Bahu Bidhhee Man Lapattiou Thih Sang ||	Maya clings to the mind, and causes it to waver in so many ways.	ਮਨੁੱਖ ਦਾ ਮਨ ਕਈ ਤਰੀਕਿਆਂ ਨਾਲ ਮਾਇਆ ਦੀ ਖ਼ਾਤਰ ਹੀ ਡੋਲਦਾ ਰਹਿੰਦਾ ਹੈ, ਮਾਇਆ ਦੇ ਨਾਲ ਹੀ ਚੰਬੜਿਆ ਰਹਿੰਦਾ ਹੈ।
11397	258	ਮਾਗਨ ਤੇ ਜਿਹ ਤੁਮ ਰਖਹੁ ਸੁ ਨਾਨਕ ਨਾਮਹਿ ਰੰਗ॥੧॥	ਮਾਇਆ (ਮਾਗਨ) ਮੰਗਣ ਤੇ	Maagan Thae Jih Thum Rakhahu S Naanak Naamehi Rang ||1||	When You, O Lord, restrain someone from asking for wealth, then, O Nanak, he comes to love the Name. ||1||	ਹੇ ਨਾਨਕ! (ਪ੍ਰਭੂ ਅਗੇ ਅਰਦਾਸ ਕਰ ਤੇ ਆਖ-) ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਨਿਰੀ ਮਾਇਆ ਹੀ ਮੰਗਣ ਤੋਂ ਵਰਜ ਲੈਂਦਾ ਹੈਂ ਉਹ ਤੇਰੇ ਨਾਮ ਵਿਚ ਪਿਆਰ ਪਾ ਲੈਂਦਾ ਹੈ ॥੧॥
11398	258	ਪਉੜੀ॥		Pourree ||	Pauree:	ਪਉੜੀ
11399	258	ਮਮਾ ਮਾਗਨਹਾਰ ਇਆਨਾ॥		Mamaa Maaganehaar Eiaanaa ||	MAMMA: The beggar is so ignorant	ਬੇ-ਸਮਝ ਜੀਵ ਹਰ ਵੇਲੇ (ਮਾਇਆ ਹੀ ਮਾਇਆ) ਮੰਗਦਾ ਰਹਿੰਦਾ ਹੈ।
11400	258	ਦੇਨਹਾਰ ਦੇ ਰਹਿਓ ਸੁਜਾਨਾ॥		Dhaenehaar Dhae Rehiou Sujaanaa ||	The Great Giver continues to give. He is All-knowing.	(ਇਹ ਨਹੀਂ ਸਮਝਦਾ ਕਿ) ਸਭ ਦੇ ਦਿਲਾਂ ਦੀ ਜਾਣਨ ਵਾਲਾ ਦਾਤਾਰ (ਸਭ ਪਦਾਰਥ) ਦੇਈ ਜਾ ਰਿਹਾ ਹੈ।
11401	258	ਜੋ ਦੀਨੋ ਸੋ ਏਕਹਿ ਬਾਰ॥		Jo Dheeno So Eaekehi Baar ||	Whatever He gives, He gives once and for all.	ਉਸ ਦੀਆਂ ਦਿੱਤੀਆਂ ਦਾਤਾਂ ਤਾਂ ਕਦੇ ਮੁੱਕਣ ਵਾਲੀਆਂ ਹੀ ਨਹੀਂ ਹਨ।

11402	258	ਮਨ ਮੂਰਖ ਕਹ ਕਰਹਿ ਪੁਕਾਰ॥		Man Moorakh Keh Karehi Pukaar ||	O foolish mind, why do you complain, and cry out so loud?	ਹੇ ਮੂਰਖ ਮਨ! ਤੂੰ ਕਿਉਂ ਸਦਾ ਮਾਇਆ ਵਾਸਤੇ ਹੀ ਤਰਲੇ ਲੈ ਰਿਹਾ ਹੈਂ?
11403	258	ਜਉ ਮਾਗਹਿ ਤਉ ਮਾਗਹਿ ਬੀਆ॥	(ਬੀਆ) ਦੂਜਾ	Jo Maagehi Tho Maagehi Beeaa ||	Whenever you ask for something, you ask for worldly things;	(ਹੇ ਮੂਰਖ!) ਤੂੰ ਜਦੋਂ ਭੀ ਮੰਗਦਾ ਹੈਂ (ਨਾਮ ਤੋਂ ਬਿਨਾ) ਹੋਰ ਹੋਰ ਚੀਜ਼ਾਂ ਹੀ ਮੰਗਦਾ ਰਹਿੰਦਾ ਹੈਂ,
11404	258	ਜਾ ਤੇ ਕੁਸਲ ਨ ਕਾਹੂ ਥੀਆ॥		Jaa Thae Kusal N Kaahoo Thheeaa ||	No one has obtained happiness from these.	ਜਿਨ੍ਹਾਂ ਤੋਂ ਕਦੇ ਕਿਸੇ ਨੂੰ ਭੀ ਆਤਮਕ ਸੁਖ ਨਹੀਂ ਮਿਲਿਆ।
11405	258	ਮਾਗਨਿ ਮਾਗਤ ਏਕਹਿ ਮਾਗ॥	(ਦੂਜਾ ਪਾਠ: ਮਾਗ ਤ)	Maagan Maag Th Eaekehi Maag ||	If you must ask for a gift, then ask for the One Lord.	(ਹੇ ਮੂਰਖ ਮਨ!) ਜੇ ਤੂੰ ਮੰਗ ਮੰਗਣੀ ਹੀ ਹੈ ਤਾਂ ਪ੍ਰਭੂ ਦਾ ਨਾਮ ਹੀ ਮੰਗ,
11406	258	ਨਾਨਕ ਜਾ ਤੇ ਪਰਹਿ ਪਰਾਗ॥੪੧॥	(ਪਰਾਗ) ਪਰਮਗਤੀ	Naanak Jaa Thae Parehi Paraag ||41||	O Nanak, by Him, you shall be saved. ||41||	ਜਿਸ ਦੀ ਬਰਕਤਿ ਨਾਲ ਹੇ ਨਾਨਕ! ਤੂੰ ਮਾਇਕ ਪਦਾਰਥਾਂ ਦੀ ਮੰਗ ਤੋਂ ਪਰਲੇ ਪਾਰ ਲੰਘ ਜਾਏਂ ॥੪੧॥
11407	259	ਸਲੋਕ॥		Salok ||	Shalok:	
11408	259	ਮਤਿ ਪੂਰੀ ਪਰਧਾਨ ਤੇ ਗੁਰ ਪੂਰੇ ਮਨ ਮੰਤ॥		Math Pooree Paradhhaan Thae Gur Poorae Man Manth ||	Perfect is the intellect, and most distinguished is the reputation, of those whose minds are filled with the Mantra of the Perfect Guru.	ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਪੂਰੇ ਗੁਰੂ ਦਾ ਉਪਦੇਸ਼ ਵੱਸ ਪੈਂਦਾ ਹੈ, ਉਹਨਾਂ ਦੀ ਅਕਲ (ਜੀਵਨ-ਰਾਹ ਦੀ) ਪੂਰੀ (ਸਮਝ ਵਾਲੀ) ਹੋ ਜਾਂਦੀ ਹੈ, ਉਹ (ਹੋਰਨਾਂ ਨੂੰ ਭੀ ਸਿੱਖਿਆ ਦੇਣ ਵਿਚ) ਮੰਨੇ-ਪਰਮੰਨੇ ਹੋ ਜਾਂਦੇ ਹਨ।

11409	259	ਜਿਹ ਜਾਨਿਓ ਪ੍ਰਭੁ ਆਪੁਨਾ ਨਾਨਕ ਤੇ ਭਗਵੰਤ॥੧॥		Jih Jaaniou Prabh Aapunaa Naanak Thae Bhagavanth ||1||	Those who come to know their God, O Nanak, are very fortunate. ||1||	ਹੇ ਨਾਨਕ! ਜਿਨ੍ਹਾਂ ਨੇ ਪਿਆਰੇ ਪ੍ਰਭੂ ਨਾਲ ਡੂੰਘੀ ਸਾਂਝ ਬਣਾ ਲਈ ਹੈ, ਉਹ ਭਾਗਾਂ ਵਾਲੇ ਹਨ ॥੧॥
11410	259	ਪਉੜੀ॥		Pourree ||	Pauree:	ਪਉੜੀ
11411	259	ਮਮਾ ਜਾਹੂ ਮਰਮੁ ਪਛਾਨਾ॥	(ਮਰਮੁ) ਭੇਦ	Mamaa Jaahoo Maram Pashhaanaa ||	MAMMA: Those who understand God's mystery	ਉਹ ਮਨੁੱਖ ਸਾਧ ਸੰਗਤਿ ਵਿਚ ਮਿਲ ਕੇ (ਇਸ ਬਾਰੇ) ਪੂਰਾ ਯਕੀਨ ਬਣਾ ਲੈਂਦਾ ਹੈ,
11412	259	ਭੇਟਤ ਸਾਧਸੰਗ ਪਤੀਆਨਾ॥	ਪਤੀ–ਆਨਾ	Bhaettath Saadhhasang Patheeaanaa ||	Are satisfied joining the Saadh Sangat the Company of the Holy.	ਜਿਸ ਨੇ ਰੱਬ ਦਾ (ਇਹ) ਭੇਤ ਪਾ ਲਿਆ (ਕਿ ਉਹ ਸਦਾ ਅੰਗ-ਸੰਗ ਹੈ।)
11413	259	ਦੁਖ ਸੁਖ ਉਆ ਕੈ ਸਮਤ ਬੀਚਾਰਾ॥	ਸਮਤ: ਪੋਲਾ ਬੋਲੋ ਮਿਲਵਾਂ	Dhukh Sukh Ouaa Kai Samath Beechaaraa ||	They look upon pleasure and pain as the same.	ਉਸ ਦੇ ਹਿਰਦੇ ਵਿਚ ਦੁੱਖ ਤੇ ਸੁਖ ਇਕੋ ਜਿਹੇ ਜਾਪਣ ਲੱਗ ਪੈਂਦੇ ਹਨ (ਕਿਉਂਕਿ ਇਹ ਉਸ ਨੂੰ ਅੰਗ-ਸੰਗ ਵੱਸਦੇ ਪ੍ਰਭੂ ਵਲੋਂ ਆਏ ਦਿੱਸਦੇ ਹਨ)
11414	259	ਨਰਕ ਸੁਰਗ ਰਹਤ ਅਉਤਾਰਾ॥	ਨਰਕ ਸੁਰਗ ਚ (ਅਉਤਾਰਾ) ਜੰਮਣ ਮਰਨ ਤੋਂ ਰਹਤ	Narak Surag Rehath Aouthaaraa ||	They are exempt from incarnation into heaven or hell.	(ਇਸ ਵਾਸਤੇ) ਉਹ ਦੁੱਖਾਂ ਤੋਂ ਆਈ ਘਬਰਾਹਟ ਤੇ ਸੁਖਾਂ ਤੋਂ ਆਈ ਬਹੁਤ ਖ਼ੁਸ਼ੀ ਵਿਚ ਫਸਣੋਂ ਬਚ ਜਾਂਦਾ ਹੈ।
11415	259	ਤਾਹੂ ਸੰਗ ਤਾਹੂ ਨਿਰਲੇਪਾ॥		Thaahoo Sang Thaahoo Niralaepaa ||	They live in the world, and yet they are detached from it.	ਉਸ ਪ੍ਰਭੂ ਨੂੰ ਅੰਗ-ਸੰਗ ਭੀ ਦਿੱਸਦਾ ਹੈ ਤੇ ਉਸੇ ਪ੍ਰਭੂ ਨੂੰ ਮਾਇਆ ਦੇ ਪ੍ਰਭਾਵ ਤੋਂ ਪਰੇ ਭੀ,
11416	259	ਪੂਰਨ ਘਟ ਘਟ ਪੁਰਖ ਬਿਸੇਖਾ॥	(ਬਿਸੇਖਾ) ਵਿਸ਼ੇਸ਼ ਕਰਕੇ	Pooran Ghatt Ghatt Purakh Bisaekhaa ||	The Sublime Lord, the Primal Being, is totally pervading each and every heart.	ਉਸ ਨੂੰ ਵਿਆਪਕ ਪ੍ਰਭੂ ਹਰੇਕ ਹਿਰਦੇ ਵਿਚ ਵੱਸਦਾ ਦਿੱਸਦਾ ਹੈ।

11417	259	ਉਆ ਰਸ ਮਹਿ ਉਆਹੂ ਸੁਖੁ ਪਾਇਆ॥		Ouaa Ras Mehi Ouaahoo Sukh Paaeiaa ||	In His Love, they find peace.	(ਵਿਆਪਕਤਾ ਵਾਲੇ ਯਕੀਨ ਤੋਂ ਪੈਦਾ ਹੋਏ) ਆਤਮਕ ਰਸ ਤੋਂ ਉਸ ਨੂੰ ਐਸਾ ਸੁਖ ਮਿਲਦਾ ਹੈ,
11418	259	ਨਾਨਕ ਲਿਪਤ ਨਹੀ ਤਿਹ ਮਾਇਆ॥੪੨॥		Naanak Lipath Nehee Thih Maaeiaa ||42||	O Nanak, Maya does not cling to them at all. ||42||	ਕਿ ਹੇ ਨਾਨਕ! ਮਾਇਆ ਉਸ ਤੇ ਆਪਣਾ ਪ੍ਰਭਾਵ ਨਹੀਂ ਪਾ ਸਕਦੀ ॥੪੨॥
11419	259	ਸਲੋਕੁ॥		Salok ||	Shalok:	
11420	259	ਯਾਰ ਮੀਤ ਸੁਨਿ ਸਾਜਨਹੁ ਬਿਨੁ ਹਰਿ ਛੂਟਨੁ ਨਾਹਿ॥		Yaar Meeth Sun Saajanahu Bin Har Shhoottan Naahi ||	Listen, my dear friends and companions: without the Lord, there is no salvation.	ਹੇ ਮਿੱਤਰੋ! ਹੇ ਸੱਜਣੋ! ਸੁਣੋ! ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਨਹੀਂ ਹੁੰਦੀ।
11421	259	ਨਾਨਕ ਤਿਹ ਬੰਧਨ ਕਟੇ ਗੁਰ ਕੀ ਚਰਨੀ ਪਾਹਿ॥੧॥		Naanak Thih Bandhhan Kattae Gur Kee Charanee Paahi ||1||	O Nanak, one who falls at the Feet of the Guru, has his bonds cut away. ||1||	ਹੇ ਨਾਨਕ! ਜੇਹੜੇ ਬੰਦੇ ਗੁਰੂ ਦੀ ਚਰਨੀਂ ਪੈਂਦੇ ਹਨ, ਉਹਨਾਂ ਦੇ (ਮਾਇਆ ਦੇ ਮੋਹ ਦੇ) ਬੰਧਨ ਕੱਟੇ ਜਾਂਦੇ ਹਨ ॥੧॥
11422	259	ਪਵੜੀ॥		Pavarree ||	Pauree:	ਪਵੜੀ
11423	259	ਯਯਾ ਜਤਨ ਕਰਤ ਬਹੁ ਬਿਧੀਆ॥	ਯ-ਯਾ: ਯ ਤਾਲੂ ਤੋਂ ਬੋਲੋ। ਬਿਧੀਆ: ਪੋਲਾ ਬੋਲੋ	Yayaa Jathan Karath Bahu Bidhheeaa ||	YAYYA: People try all sorts of things,	ਮਨੁੱਖ (ਮਾਇਆ ਦੇ ਮੋਹ ਦੇ ਬੰਧਨਾਂ ਤੋਂ ਖ਼ਲਾਸੀ ਪਾਣ ਲਈ) ਕਈ ਤਰ੍ਹਾਂ ਦੇ ਜਤਨ ਕਰਦਾ ਹੈ,

11424	259	ਏਕ ਨਾਮ ਬਿਨੁ ਕਹ ਲਉ ਸਿਧੀਆ॥	ਸਿੱਧੀਆ	Eaek Naam Bin Keh Lo Sidhheeaa ||	But without the One Name, how far can they succeed?	ਪਰ ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਬਿਲਕੁਲ ਕਾਮਯਾਬੀ ਨਹੀਂ ਹੋ ਸਕਦੀ।
11425	259	ਯਾਹੂ ਜਤਨ ਕਰਿ ਹੋਤ ਛੁਟਾਰਾ॥		Yaahoo Jathan Kar Hoth Shhuttaaraa ||	Those efforts, by which emancipation may be attained	ਜੇਹੜੇ ਜਤਨਾਂ ਨਾਲ (ਇਹਨਾਂ ਬੰਧਨਾਂ ਤੋਂ) ਖ਼ਲਾਸੀ ਹੋ ਸਕਦੀ ਹੈ,
11426	259	ਉਆਹੂ ਜਤਨ ਸਾਧਸੰਗਾਰਾ॥		Ouaahoo Jathan Saadhh Sangaaraa ||	Those efforts are made in the Saadh Sangat, the Company of the Holy.	ਉਹ ਜਤਨ ਇਹੀ ਹਨ ਕਿ ਸਾਧ ਸੰਗਤਿ ਕਰੋ।
11427	259	ਯਾ ਉਬਰਨ ਧਾਰੈ ਸਭੁ ਕੋਊ॥	ਯਾ ਤਾਲੂ ਤੋਂ ਬੋਲੋ।ਉਬ-ਰਨ: ਪੋਲਾ ਬੋਲੋ	Yaa Oubaran Dhhaarai Sabh Kooo ||	Everyone has this idea of salvation,	ਉਸ ਪ੍ਰਭੂ ਦਾ ਨਾਮ ਜਪਣ ਤੋਂ ਬਿਨਾ ਖ਼ਲਾਸੀ ਹੋ ਨਹੀਂ ਸਕਦੀ,
11428	259	ਉਆਹਿ ਜਪੇ ਬਿਨੁ ਉਬਰ ਨ ਹੋਊ॥	ਉਬਰ:ਪੋਲਾ ਬੋਲੋ। (ਉਬਰ) ਬਚਾਉ	Ouaahi Japae Bin Oubar N Hooo ||	But without meditation, there can be no salvation.	(ਭਾਵੇਂ ਕਿ) ਹਰ ਕੋਈ (ਮਾਇਆ ਦੇ ਬੰਧਨਾਂ ਤੋਂ) ਬਚਣ ਦੇ ਉਪਰਾਲੇ (ਆਪਣੇ ਮਨ ਵਿਚ) ਧਾਰਦਾ ਹੈ।
11429	259	ਯਾਹੂ ਤਰਨ ਤਾਰਨ ਸਮਰਾਥਾ॥	ਯਾ ਤਾਲੂ ਤੋਂ ਬੋਲੋ	Yaahoo Tharan Thaaran Samaraathhaa ||	The All-powerful Lord is the boat to carry us across.	ਹੇ ਪ੍ਰਭੂ! ਤੂੰ ਆਪ ਹੀ ਜੀਵਾਂ ਨੂੰ (ਸੰਸਾਰ-ਸਮੁੰਦਰ ਵਿਚੋਂ) ਤਾਰਨ ਲਈ ਜਹਾਜ਼ ਹੈਂ, ਤੂੰ ਹੀ ਤਾਰਨ ਲਈ ਸਮਰੱਥ ਹੈਂ।
11430	259	ਰਾਖਿ ਲੇਹੁ ਨਿਰਗੁਨ ਨਰ ਨਾਥਾ॥	ਨਰਾਂ ਦੇ(ਨੱਥਾ) ਸੁਆਮੀ	Raakh Laehu Niragun Naranaathhaa ||	O Lord, please save these worthless beings!	(ਹੇ ਭਾਈ! ਪ੍ਰਭੂ-ਦਰ ਤੇ ਅਰਦਾਸ ਹੀ ਕਰਨੀ ਚਾਹੀਦੀ ਹੈ ਕਿ) ਹੇ ਜੀਵਾਂ ਦੇ ਨਾਥ! ਸਾਨੂੰ ਗੁਣ-ਹੀਨਾਂ ਨੂੰ ਬਚਾ ਲੈ।

11431	259	ਮਨ ਬਚ ਕ੍ਰਮ ਜਿਹ ਆਪਿ ਜਨਾਈ॥		Man Bach Kram Jih Aap Janaaee ||	Those whom the Lord Himself instructs in thought, word and deed	ਜਿਨ੍ਹਾਂ ਬੰਦਿਆਂ ਦੇ ਮਨ ਵਿਚ ਬਚਨਾਂ ਵਿਚ ਤੇ ਕਰਮਾਂ ਵਿਚ ਪ੍ਰਭੂ ਆਪ (ਮਾਇਆ ਦੇ ਮੋਹ ਤੋਂ ਬਚਣ ਵਾਲੀ) ਸੂਝ ਪੈਦਾ ਕਰਦਾ ਹੈ,
11432	259	ਨਾਨਕ ਤਿਹ ਮਤਿ ਪ੍ਰਗਟੀਆਈ॥੪੩॥	ਪ੍ਰਗਟੀ-ਆਈ	Naanak Thih Math Pragattee Aaee ||43||	- O Nanak, their intellect is enlightened. ||43||	ਹੇ ਨਾਨਕ! ਉਹਨਾਂ ਦੀ ਮਤਿ ਉੱਜਲ ਹੋ ਜਾਂਦੀ ਹੈ (ਤੇ ਉਹ ਬੰਧਨਾਂ ਤੋਂ ਬਚ ਨਿਕਲਦੇ ਹਨ) ॥੪੩॥
11433	259	ਸਲੋਕੁ॥		Salok ||	Shalok:	
11434	259	ਰੋਸੁ ਨ ਕਾਹੂ ਸੰਗ ਕਰਹੁ ਆਪਨ ਆਪੁ ਬੀਚਾਰਿ॥		Ros N Kaahoo Sang Karahu Aapan Aap Beechaar ||	Do not be angry with anyone else; look within your own self instead.	(ਹੇ ਭਾਈ!) ਕਿਸੇ ਹੋਰ ਨਾਲ ਗੁੱਸਾ ਨਾਹ ਕਰੋ, (ਇਸ ਦੇ ਥਾਂ) ਆਪਣੇ ਆਪ ਨੂੰ ਵਿਚਾਰੋ (ਸੋਧੋ, ਕਿ ਕਿਸੇ ਨਾਲ ਝਗੜਨ ਵਿਚ ਆਪਣਾ ਕੀਹ ਕੀਹ ਦੋਸ ਹੈ)।
11435	259	ਹੋਇ ਨਿਮਾਨਾ ਜਗਿ ਰਹਹੁ ਨਾਨਕ ਨਦਰੀ ਪਾਰਿ॥੧॥	ਜੱਗਿ	Hoe Nimaanaa Jag Rehahu Naanak Nadharee Paar ||1||	Be humble in this world, O Nanak, and by His Grace you shall be carried across. ||1||	ਹੇ ਨਾਨਕ! ਜੇ ਤੂੰ ਜਗਤ ਵਿਚ ਧੀਰੇ ਸੁਭਾਵ ਵਾਲਾ ਬਣ ਕੇ ਰਹੇਂ, ਤਾਂ ਪ੍ਰਭੂ ਦੀ ਮਿਹਰ ਦੀ ਨਜ਼ਰ ਨਾਲ ਇਸ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘ ਜਾਇੰਗਾ (ਜਿਸ ਵਿਚ ਕ੍ਰੋਧ ਦੀਆਂ ਬੇਅੰਤ ਲਹਿਰਾਂ ਪੈ ਰਹੀਆਂ ਹਨ) ॥੧॥
11436	259	ਪਉੜੀ॥		Pourree ||	Pauree:	ਪਉੜੀ
11437	259	ਰਾਰਾ ਰੇਨ ਹੋਤ ਸਭ ਜਾ ਕੀ॥		Raaraa Raen Hoth Sabh Jaa Kee ||	RARRA: Be the dust under the feet of all.	ਸਾਰੀ ਲੋਕਾਈ ਜਿਸ ਗੁਰੂ ਦੀ ਚਰਨ-ਧੂੜ ਹੁੰਦੀ ਹੈ,

11438	259	ਤਜਿ ਅਭਿਮਾਨੁ ਛੁਟੈ ਤੇਰੀ ਬਾਕੀ॥	ਬਾੱਕੀ	Thaj Abhimaan Shhuttai Thaeree Baakee ||	Give up your egotistical pride, and the balance of your account shall be written off.	ਤੂੰ ਭੀ ਉਸ ਦੇ ਅੱਗੇ ਆਪਣੇ ਮਨ ਦਾ ਅਹੰਕਾਰ ਦੂਰ ਕਰ, ਤੇਰੇ ਅੰਦਰੋਂ ਕ੍ਰੋਧ ਦੇ ਸੰਸਕਾਰਾਂ ਦਾ ਲੇਖਾ ਮੁੱਕ ਜਾਏ।
11439	259	ਰਣਿ ਦਰਗਹਿ ਤਉ ਸੀਝਹਿ ਭਾਈ॥	(ਸੀਝਹਿ) ਜਿੱਤੇ	Ran Dharagehi Tho Seejhehi Bhaaee ||	Then, you shall win the battle in the Court of the Lord, O Siblings of Destiny.	ਹੇ ਭਾਈ! ਇਸ ਜਗਤ-ਰਣ-ਭੂਮੀ ਵਿਚ ਤੇ ਪ੍ਰਭੂ ਦੀ ਹਜ਼ੂਰੀ ਵਿਚ ਤਦੋਂ ਹੀ ਕਾਮਯਾਬ ਹੋਵੇਂਗਾ,
11440	259	ਜਉ ਗੁਰਮੁਖਿ ਰਾਮ ਨਾਮ ਲਿਵ ਲਾਈ॥		Jo Guramukh Raam Naam Liv Laaee ||	As Gurmukh, lovingly attune yourself to the Lord's Name.	ਜਦੋਂ ਗੁਰੂ ਦੀ ਸਰਨ ਪੈ ਕੇ ਪ੍ਰਭੂ ਦੇ ਨਾਮ ਵਿਚ ਸੁਰਤ ਜੋੜੀਦੀ ਹੈ।
11441	259	ਰਹਤ ਰਹਤ ਰਹਿ ਜਾਹਿ ਬਿਕਾਰਾ॥		Rehath Rehath Rehi Jaahi Bikaaraa ||	Your evil ways shall be slowly and steadily blotted out,	ਬੇਅੰਤ ਵਿਕਾਰ ਸਹਜੇ ਸਹਜੇ ਦੂਰ ਹੋ ਜਾਂਦੇ ਹਨ,
11442	259	ਗੁਰ ਪੂਰੇ ਕੈ ਸਬਦਿ ਅਪਾਰਾ॥		Gur Poorae Kai Sabadh Apaaraa ||	By the Shabad, the Incomparable Word of the Perfect Guru.	ਜਦੋਂ ਪੂਰੇ ਗੁਰੂ ਦੇ ਸ਼ਬਦ ਵਿਚ ਜੁੜੀਦਾ ਹੈ।
11443	259	ਰਾਤੇ ਰੰਗ ਨਾਮ ਰਸ ਮਾਤੇ॥	ਮਾੱਤੇ	Raathae Rang Naam Ras Maathae ||	You shall be imbued with the Lord's Love, and intoxicated with the Nectar of the Naam.	ਉਹ ਬੰਦੇ ਪ੍ਰਭੂ ਦੇ ਨਾਮ ਦੇ ਪਿਆਰ ਵਿਚ ਰੱਤੇ ਰਹਿੰਦੇ ਹਨ, ਉਹ ਹਰੀ-ਨਾਮ ਦੇ ਸੁਆਦ ਵਿਚ ਮਸਤ ਰਹਿੰਦੇ ਹਨ (ਤੇ ਉਹ ਦੂਜਿਆਂ ਨਾਲ ਰੋਸ ਕਰਨ ਦੀ ਥਾਂ ਆਪਣੇ ਆਪ ਦੀ ਸੋਧ ਕਰਦੇ ਹਨ)

11444	259	ਨਾਨਕ ਹਰਿ ਗੁਰਿ ਕੀਨੀ ਦਾਤੇ॥੪੪॥	ਦੱਾਤੇ	Naanak Har Gur Keenee Dhaathae ||44||	O Nanak, the Lord, the Guru, has given this gift. ||44||	ਹੇ ਨਾਨਕ! ਜਿਨ੍ਹਾਂ ਨੂੰ ਗੁਰੂ ਨੇ ਹਰੀ-ਨਾਮ ਦੀ ਦਾਤ ਦਿੱਤੀ ਹੈ ॥੪੪॥
11445	259	ਸਲੋਕੁ॥		Salok ||	Shalok:	
11446	259	ਲਾਲਚ ਝੂਠ ਬਿਖੈ ਬਿਆਧਿ ਇਆ ਦੇਹੀ ਮਹਿ ਬਾਸ॥		Laalach Jhooth Bikhai Biaadhh Eiaa Dhaehee Mehi Baas ||	The afflictions of greed, falsehood and corruption abide in this body.	(ਸਾਧਾਰਨ ਤੌਰ ਤੇ ਸਾਡੇ) ਇਸ ਸਰੀਰ ਵਿਚ ਲਾਲਚ ਝੂਠ ਵਿਕਾਰਾਂ ਤੇ ਰੋਗਾਂ ਦਾ ਹੀ ਜ਼ੋਰ ਰਹਿੰਦਾ ਹੈ;
11447	259	ਹਰਿ ਹਰਿ ਅੰਮ੍ਰਿਤੁ ਗੁਰਮੁਖਿ ਪੀਆ ਨਾਨਕ ਸੂਖਿ ਨਿਵਾਸ॥੧॥		Har Har Anmrith Guramukh Peeaa Naanak Sookh Nivaas ||1||	Drinking in the Ambrosial Nectar of the Lord's Name, Har , Har, O Nanak, the Gurmukh abides in peace. ||1||	(ਪਰ) ਹੇ ਨਾਨਕ! ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਆਤਮਕ ਜੀਵਨ ਦੇਣ ਵਾਲਾ ਹਰੀ-ਨਾਮ-ਰਸ ਪੀ ਲਿਆ, ਉਹ ਆਤਮਕ ਆਨੰਦ ਵਿਚ ਟਿਕਿਆ ਰਹਿੰਦਾ ਹੈ ॥੧॥
11448	259	ਪਉੜੀ॥		Pourree ||	Pauree:	ਪਉੜੀ
11449	259	ਲਲਾ ਲਾਵਉ ਅਉਖਧ ਜਾਹੂ॥		Lalaa Laavo Aoukhadhh Jaahoo ||	LALLA: One who takes the medicine of the Naam, the Name of the Lord,	ਮੈਨੂੰ ਯਕੀਨ ਹੈ ਕਿ ਜਿਸ ਕਿਸੇ ਨੂੰ (ਪ੍ਰਭੂ ਦੇ ਨਾਮ ਦੀ) ਦਵਾਈ ਦਿੱਤੀ ਜਾਏ,
11450	259	ਦੂਖ ਦਰਦ ਤਿਹ ਮਿਟਹਿ ਖਿਨਾਹੂ॥	(ਖਿਨਾਹੂ) ਖਿਨ ਚ	Dhookh Dharadh Thih Mittehi Khinaahoo ||	Is cured of his pain and sorrow in an instant.	ਇਕ ਖਿਨ ਵਿਚ ਹੀ ਉਸ ਦੇ (ਆਤਮਕ) ਦੁੱਖ-ਦਰਦ ਮਿਟ ਜਾਂਦੇ ਹਨ।
11451	259	ਨਾਮ ਅਉਖਧੁ ਜਿਹ ਰਿਦੈ ਹਿਤਾਵੈ॥	(ਹਿਤਾਵੈ) ਚੰਗੀ ਲੱਗੇ	Naam Aoukhadhh Jih Ridhai Hithaavai ||	One whose heart is filled with the medicine of the Naam,	ਜਿਸ ਮਨੁੱਖ ਨੂੰ ਆਪਣੇ ਹਿਰਦੇ ਵਿਚ ਰੋਗ-ਨਾਸਕ ਪ੍ਰਭੂ-ਨਾਮ ਪਿਆਰਾ ਲੱਗਣ ਲੱਗ ਪਏ,

11452	259	ਤਾਹਿ ਰੋਗੁ ਸੁਪਨੈ ਨਹੀ ਆਵੈ॥		Thaahi Rog Supanai Nehee Aavai ||	Is not infested with disease, even in his dreams.	ਸੁਪਨੇ ਵਿਚ ਭੀ ਕੋਈ (ਆਤਮਕ) ਰੋਗ (ਵਿਕਾਰ) ਉਸ ਦੇ ਨੇੜੇ ਨਹੀਂ ਢੁਕਦਾ।
11453	259	ਹਰਿ ਅਉਖਧੁ ਸਭ ਘਟ ਹੈ ਭਾਈ॥		Har Aoukhadhh Sabh Ghatt Hai Bhaaee ||	The medicine of the Lord's Name is in all hearts, O Siblings of Destiny.	ਹੇ ਭਾਈ! ਹਰੀ-ਨਾਮ ਦਵਾਈ ਹਰੇਕ ਹਿਰਦੇ ਵਿਚ ਮੌਜੂਦ ਹੈ,
11454	259	ਗੁਰ ਪੂਰੇ ਬਿਨੁ ਬਿਧਿ ਨ ਬਨਾਈ॥	ਬਿਧਿ: ਪੋਲਾ ਬੋਲੋ	Gur Poorae Bin Bidhh N Banaaee ||	Without the Perfect Guru, no one knows how to prepare it.	ਪਰ ਪੂਰੇ ਗੁਰੂ ਤੋਂ ਬਿਨਾ (ਵਰਤਣ ਦਾ) ਢੰਗ ਕਾਮਯਾਬ ਨਹੀਂ ਹੁੰਦਾ।
11455	259	ਗੁਰਿ ਪੂਰੈ ਸੰਜਮੁ ਕਰਿ ਦੀਆ॥		Gur Poorai Sanjam Kar Dheeaa ||	When the Perfect Guru gives the instructions to prepare it,	ਪੂਰੇ ਗੁਰੂ ਨੇ (ਇਸ ਦਵਾਈ ਦੇ ਵਰਤਣ ਦਾ) ਪਰਹੇਜ਼ ਨੀਅਤ ਕਰ ਦਿੱਤਾ ਹੈ। (ਜੋ ਮਨੁੱਖ ਉਸ ਪਰਹੇਜ਼ ਅਨੁਸਾਰ ਦਵਾਈ ਵਰਤਦਾ ਹੈ)
11456	259	ਨਾਨਕ ਤਉ ਫਿਰਿ ਦੂਖ ਨ ਥੀਆ॥੪੫॥		Naanak Tho Fir Dhookh N Thheeaa ||45||	Then, O Nanak, one does not suffer illness again. ||45||	ਹੇ ਨਾਨਕ! ਉਸ ਨੂੰ ਮੁੜ (ਕੋਈ ਵਿਕਾਰ) ਦੁੱਖ ਪੋਹ ਨਹੀਂ ਸਕਦਾ ॥੪੫॥
11457	259	ਸਲੋਕੁ॥		Salok ||	Shalok:	
11458	259	ਵਾਸੁਦੇਵ ਸਰਬਤ੍ਰ ਮੈ ਊਨ ਨ ਕਤਹੂ ਠਾਇ॥	ਸਰਬੱਤ੍ਰ	Vaasudhaev Sarabathr Mai Oon N Kathehoo Thaae ||	The All-pervading Lord is in all places. There is no place where He does not exist.	ਪਰਮਾਤਮਾ ਸਭ ਥਾਈਂ ਮੌਜੂਦ ਹੈ, ਕਿਸੇ ਭੀ ਥਾਂ ਵਿਚ ਉਸ ਦੀ ਅਣਹੋਂਦ ਨਹੀਂ ਹੈ।

11459	259	ਅੰਤਰਿ ਬਾਹਰਿ ਸੰਗਿ ਹੈ ਨਾਨਕ ਕਾਇ ਦੁਰਾਇ॥੧॥	ਬਾ-ਹਰਿ: ਹ ਮੁਕਤਾ, ਰ ਸਿਹਾਰੀ ਲਾ ਕੇ	Anthar Baahar Sang Hai Naanak Kaae Dhuraae ||1||	Inside and outside, He is with you. O Nanak, what can be hidden from Him? ||1||	ਹੇ ਨਾਨਕ! ਸਭ ਜੀਵਾਂ ਦੇ ਅੰਦਰ ਤੇ ਚੁਫੇਰੇ ਪ੍ਰਭੂ ਅੰਗ-ਸੰਗ ਹੈ, (ਉਸ ਤੋਂ) ਕੋਈ ਲੁਕਾਉ ਨਹੀਂ ਹੋ ਸਕਦਾ ॥੧॥
11460	259	ਪਉੜੀ॥		Pourree ||	Pauree:	ਪਉੜੀ
11461	259	ਵਵਾ ਵੈਰੁ ਨ ਕਰੀਐ ਕਾਹੂ॥		Vavaa Vair N Kareeai Kaahoo ||	WAWWA: Do not harbor hatred against anyone.	ਕਿਸੇ ਨਾਲ ਭੀ (ਕੋਈ) ਵੈਰ ਨਹੀਂ ਕਰਨਾ ਚਾਹੀਦਾ,
11462	259	ਘਟ ਘਟ ਅੰਤਰਿ ਬ੍ਰਹਮ ਸਮਾਹੂ॥		Ghatt Ghatt Anthar Breham Samaahoo ||	In each and every heart, God is contained.	ਕਿਉਂਕਿ ਹਰੇਕ ਸਰੀਰ ਵਿਚ ਪਰਮਾਤਮਾ ਸਮਾਇਆ ਹੋਇਆ ਹੈ।
11463	259	ਵਾਸੁਦੇਵ ਜਲ ਥਲ ਮਹਿ ਰਵਿਆ॥		Vaasudhaev Jal Thhal Mehi Raviaa ||	The All-pervading Lord is permeating and pervading the oceans and the land.	ਪਰਮਾਤਮਾ ਪਾਣੀ ਵਿਚ ਧਰਤੀ ਵਿਚ (ਜ਼ੱਰੇ ਜ਼ੱਰੇ ਵਿਚ) ਵਿਆਪਕ ਹੈ,
11464	259	ਗੁਰ ਪ੍ਰਸਾਦਿ ਵਿਰਲੈ ਹੀ ਗਵਿਆ॥		Gur Prasaadh Viralai Hee Gaviaa ||	How rare are those who, by Guru's Grace, sing of Him.	ਪਰ ਕਿਸੇ ਵਿਰਲੇ ਨੇ ਹੀ ਗੁਰੂ ਦੀ ਕਿਰਪਾ ਨਾਲ (ਉਸ ਪ੍ਰਭੂ ਤਕ) ਪਹੁੰਚ ਹਾਸਲ ਕੀਤੀ ਹੈ।
11465	259	ਵੈਰ ਵਿਰੋਧ ਮਿਟੇ ਤਿਹ ਮਨ ਤੇ॥		Vair Virodhh Mittae Thih Man Thae ||	Hatred and alienation depart from those	ਉਹਨਾਂ ਦੇ ਮਨ ਵਿਚੋਂ ਵੈਰ ਵਿਰੋਧ ਮਿਟ ਜਾਂਦੇ ਹਨ,
11466	259	ਹਰਿ ਕੀਰਤਨੁ ਗੁਰਮੁਖਿ ਜੋ ਸੁਨਤੇ॥		Har Keerathan Guramukh Jo Sunathae ||	Who, as Gurmukh, listen to the Kirtan of the Lord's Praises.	ਜੋ ਗੁਰੂ ਦੀ ਸ਼ਰਨ ਲੈ ਕੇ ਉਸ ਦੀ ਸਿਫ਼ਤ-ਸਾਲਾਹ ਸੁਣਦੇ ਹਨ।

11467	259	ਵਰਨ ਚਿਹਨ ਸਗਲਹ ਤੇ ਰਹਤਾ॥		Varan Chihan Sagaleh Thae Rehathaa ||	O Nanak, one who becomes Gurmukh chants the Name of the Lord,	ਪਰਮਾਤਮਾ ਜਾਤਿ-ਪਾਤਿ, ਰੂਪ-ਰੇਖ ਤੋਂ ਨਿਆਰਾ ਹੈ (ਉਸ ਦੀ ਕੋਈ ਜਾਤਿ-ਪਾਤਿ ਉਸ ਦਾ ਕੋਈ ਰੂਪ-ਰੇਖ ਦੱਸੇ ਨਹੀਂ ਜਾ ਸਕਦੇ)।
11468	260	ਨਾਨਕ ਹਰਿ ਹਰਿ ਗੁਰਮੁਖਿ ਜੋ ਕਹਤਾ॥੪੬॥		Naanak Har Har Guramukh Jo Kehathaa ||46||	Har, Har, and rises above all social classes and status symbols. ||46||	(ਪਰ) ਹੇ ਨਾਨਕ! ਜੋ ਜੋ ਮਨੁੱਖ ਗੁਰੂ ਦੀ ਸਰਨ ਪੈ ਕੇ ਉਸ ਹਰੀ ਨੂੰ ਸਿਮਰਦੇ ਹਨ (ਉਨ੍ਹਾਂ ਨੂੰ ਇਹ ਅਵੱਸਥਾ ਪ੍ਰਾਪਤ ਹੁੰਦੀ ਹੈ) ॥੪੬॥
11469	260	ਸਲੋਕੁ॥		Salok ||	Shalok:	
11470	260	ਹਉ ਹਉ ਕਰਤ ਬਿਹਾਨੀਆ ਸਾਕਤ ਮੁਗਧ ਅਜਾਨ॥		Ho Ho Karath Bihaaneeaa Saakath Mugadhh Ajaan ||	Acting in egotism, selfishness and conceit, the foolish, ignorant, faithless cynic wastes his life.	ਮਾਇਆ-ਗ੍ਰਸੇ ਮੂਰਖ ਬੇਸਮਝ ਮਨੁੱਖਾਂ ਦੀ ਉਮਰ ਇਸੇ ਵਹਣ ਵਿਚ ਬੀਤ ਜਾਂਦੀ ਹੈ ਕਿ ਮੈਂ ਹੀ ਵੱਡਾ ਹੋਵਾਂ, ਮੈਂ ਹੀ ਹੋਵਾਂ।
11471	260	ੜੜਕਿ ਮੁਏ ਜਿਉ ਤ੍ਰਿਖਾਵੰਤ ਨਾਨਕ ਕਿਰਤਿ ਕਮਾਨ॥੧॥	(ੜੜ-ਕਿ) ਤੜਫ਼	Rrarrak Mueae Jio Thrikhaavanth Naanak Kirath Kamaan ||1||	He dies in agony, like one dying of thirst; O Nanak, this is because of the deeds he has done. ||1||	ਹੇ ਨਾਨਕ! ਹਉਮੈ ਦੇ ਆਸਰੇ ਕੀਤੇ ਕੰਮਾਂ (ਦੇ ਸੰਸਕਾਰਾਂ) ਦੇ ਕਾਰਨ, ਹਉਮੈ ਦਾ ਕੰਡਾ ਚੁਭ ਚੁਭ ਕੇ ਹੀ ਉਹਨਾਂ ਦੀ ਆਤਮਕ ਮੌਤ ਹੋ ਜਾਂਦੀ ਹੈ, ਜਿਵੇਂ ਕੋਈ ਤ੍ਰਿਹਾਇਆ (ਪਾਣੀ ਖੁਣੋਂ ਮਰਦਾ ਹੈ, ਉਹ ਆਤਮਕ ਸੁਖ ਬਾਝੋਂ ਤੜਫਦੇ ਹਨ) ॥੧॥
11472	260	ਪਉੜੀ॥		Pourree ||	Pauree:	ਪਉੜੀ

11473	260	ੜਾੜਾ ੜਾੜਿ ਮਿਟੈ ਸੰਗਿ ਸਾਧੂ॥	(ੜਾੜਿ) ਝਗੜਾ	Rraarraa Rraarr Mittai Sang Saadhhoo ||	RARRA: Conflict is eliminated in the Saadh Sangat, the Company of the Holy;	(ਮਨੁੱਖ ਦੇ ਅੰਦਰੋਂ ਹਉਮੈ ਦੇ ਕੰਡੇ ਦੀ) ਚੋਭ ਗੁਰੂ ਦੀ ਸੰਗਤਿ ਵਿਚ ਹੀ ਮਿਟਦੀ ਹੈ,
11474	260	ਕਰਮ ਧਰਮ ਤਤੁ ਨਾਮ ਅਰਾਧੂ॥		Karam Dhharam Thath Naam Araadhhoo ||	Meditate in adoration on the Naam, the Name of the Lord, the essence of karma and Dharma.	(ਕਿਉਂਕਿ ਸੰਗਤਿ ਵਿਚ ਪ੍ਰਭੂ ਦਾ ਨਾਮ ਮਿਲਦਾ ਹੈ ਤੇ) ਹਰੀ-ਨਾਮ ਦਾ ਸਿਮਰਨ ਸਾਰੇ ਧਾਰਮਿਕ ਕਰਮਾਂ ਦਾ ਨਿਚੋੜ ਹੈ।
11475	260	ਰੂੜੋ ਜੇਹ ਬਸਿਓ ਰਿਦ ਮਾਹੀ॥	(ਰੂੜੋ) ਸੁੰਦਰ ਵਾਹਿਗੁਰੂ ਜੀ	Roorro Jih Basiou Ridh Maahee ||	When the Beautiful Lord abides within the heart,	ਜਿਸ ਮਨੁੱਖ ਦੇ ਹਿਰਦੇ ਵਿਚ ਸੋਹਣਾ ਪ੍ਰਭੂ ਆ ਵੱਸੇ,
11476	260	ਉਆ ਕੀ ੜਾੜਿ ਮਿਟਤ ਬਿਨਸਾਹੀ॥	(ੜਾੜਿ) ਲੜਾਈ। (ਬਿਨਸਾਹੀ) ਨਾਸ ਕਰਨ ਵਾਲੀ। (ਦੂਜਾ ਪਾਠ: ਬਿਨ ਸਾਹੀ)	Ouaa Kee Rraarr Mittath Binasaahee ||	Conflict is erased and ended.	ਉਸ ਦੇ ਅੰਦਰੋਂ ਹਉਮੈ ਦੇ ਕੰਡੇ ਦੀ ਚੋਭ ਜ਼ਰੂਰ ਨਾਸ ਹੋ ਜਾਂਦੀ ਹੈ, ਮਿਟ ਜਾਂਦੀ ਹੈ।
11477	260	ੜਾੜਿ ਕਰਤ ਸਾਕਤ ਗਾਵਾਰਾ॥		Rraarr Karath Saakath Gaavaaraa ||	The foolish, faithless cynic picks arguments	ਇਹ ਹਉਮੈ ਵਾਲੀ ਰੜਕ (ਆਪਣੇ ਅੰਦਰ) ਉਹੀ ਮੂਰਖ ਮਾਇਆ-ਗ੍ਰਸੇ ਬੰਦੇ ਕਾਇਮ ਰੱਖਦੇ ਹਨ,
11478	260	ਜੇਹ ਹੀਐ ਅਹੰਬੁਧਿ ਬਿਕਾਰਾ॥		Jaeh Heeai Ahanbudhh Bikaaraa ||	His heart is filled with corruption and egotistical intellect.	ਜਿਨ੍ਹਾਂ ਦੇ ਹਿਰਦੇ ਵਿਚ ਹਉਮੈ ਵਾਲੀ ਬੁੱਧੀ ਤੋਂ ਉਪਜੇ ਭੈੜ ਟਿਕੇ ਰਹਿੰਦੇ ਹਨ।

11479	260	ੜਾੜਾ ਗੁਰਮੁਖਿ ੜਾੜਿ ਮਿਟਾਈ॥		Rraarraa Guramukh Rraarr Mittaaee ||	RARRA: For the Gurmukh, conflict is eliminated in an instant,	ਜਿਨ੍ਹਾਂ ਨੇ ਗੁਰੂ ਦੀ ਸਰਨ ਪੈ ਕੇ ਹਉਮੈ ਵਾਲੀ ਚੋਭ ਦੂਰ ਕਰ ਲਈ,
11480	260	ਨਿਮਖ ਮਾਹਿ ਨਾਨਕ ਸਮਝਾਈ॥੪੭॥		Nimakh Maahi Naanak Samajhaaee ||47||	O Nanak, through the Teachings. ||47||	ਹੇ ਨਾਨਕ! ਉਹਨਾਂ ਨੂੰ ਗੁਰੂ ਅੱਖ ਦੇ ਇਕ ਫੋਰ ਵਿਚ ਹੀ ਆਤਮਕ ਆਨੰਦ ਦੀ ਝਲਕ ਵਿਖਾ ਦੇਂਦਾ ਹੈ ॥੪੭॥
11481	260	ਸਲੋਕੁ॥		Salok ||	Shalok:	
11482	260	ਸਾਧੂ ਕੀ ਮਨ ਓਟ ਗਹੁ ਉਕਤਿ ਸਿਆਨਪ ਤਿਆਗੁ॥		Saadhhoo Kee Man Outt Gahu Oukath Siaanap Thiaag ||	O mind, grasp the Support of the Holy Saint; give up your clever arguments.	ਹੇ ਮਨ! (ਜੇ ਹਉਮੈ ਦੀ ਚੋਭ ਤੋਂ ਬਚਣਾ ਹੈ, ਤਾਂ) ਗੁਰੂ ਦਾ ਆਸਰਾ ਲੈ, ਆਪਣੀਆਂ ਦਲੀਲ-ਬਾਜ਼ੀਆਂ ਤੇ ਸਿਆਣਪਾਂ ਛੱਡ।
11483	260	ਗੁਰ ਦੀਖਿਆ ਜਿਹ ਮਨਿ ਬਸੈ ਨਾਨਕ ਮਸਤਕਿ ਭਾਗੁ॥੧॥	(ਦੀਖਿਆ) ਸਿੱਖਿਆ	Gur Dheekhiaa Jih Man Basai Naanak Masathak Bhaag ||1||	One who has the Guru's Teachings within his mind, O Nanak, has good destiny inscribed upon his forehead. ||1||	ਹੇ ਨਾਨਕ! ਜਿਸ ਮਨੁੱਖ ਦੇ ਮਨ ਵਿਚ ਗੁਰੂ ਦੀ ਸਿੱਖਿਆ ਵੱਸ ਪੈਂਦੀ ਹੈ, ਉਸ ਦੇ ਮੱਥੇ ਉਤੇ ਚੰਗਾ ਲੇਖ (ਉਘੜਿਆ ਸਮਝੋ) ॥੧॥
11484	260	ਪਉੜੀ॥		Pourree ||	Pauree:	ਪਉੜੀ

11485	260	ਸਸਾ ਸਰਨਿ ਪਰੇ ਅਬ ਹਾਰੇ॥		Sasaa Saran Parae Ab Haarae ||	SASSA: I have now entered Your Sanctuary, Lord;	ਹੇ ਧਰਤੀ ਦੇ ਸਾਈਂ! (ਹਉਮੈ ਦੀ ਚੋਭ ਤੋਂ ਬਚਣ ਲਈ ਅਨੇਕਾਂ ਚਤੁਰਾਈਆਂ ਸਿਆਣਪਾਂ ਕੀਤੀਆਂ, ਪਰ ਕੁਝ ਨ ਬਣਿਆ, ਹੁਣ) ਹਾਰ ਕੇ ਤੇਰੀ ਸਰਨ ਪਏ ਹਾਂ।
11486	260	ਸਾਸਤ੍ਰ ਸਿਮ੍ਰਿਤਿ ਬੇਦ ਪੂਕਾਰੇ॥	ਸਿਮ੍ਰਿਤਿ	Saasathr Simrith Baedh Pookaarae ||	I am so tired of reciting the Shaastras, the Simritees and the Vedas.	(ਪੰਡਿਤ ਲੋਕ) ਸਿਮ੍ਰਤੀਆਂ ਸ਼ਾਸਤ੍ਰ ਵੇਦ (ਆਦਿਕ ਧਰਮ-ਪੁਸਤਕ) ਉੱਚੀ ਉੱਚੀ ਪੜ੍ਹਦੇ ਹਨ।
11487	260	ਸੋਧਤ ਸੋਧਤ ਸੋਧਿ ਬੀਚਾਰਾ॥		Sodhhath Sodhhath Sodhh Beechaaraa ||	I searched and searched and searched, and now I have come to realize,	ਪਰ ਬਹੁਤ ਵਿਚਾਰ ਵਿਚਾਰ ਕੇ ਇਸੇ ਨਤੀਜੇ ਤੇ ਅਪੜੀਦਾ ਹੈ,
11488	260	ਬਿਨੁ ਹਰਿ ਭਜਨ ਨਹੀ ਛੁਟਕਾਰਾ॥		Bin Har Bhajan Nehee Shhuttakaaraa ||	That without meditating on the Lord, there is no emancipation.	ਕਿ ਹਰੀ-ਨਾਮ ਦੇ ਸਿਮਰਨ ਤੋਂ ਬਿਨਾ (ਹਉਮੈ ਦੀ ਚੋਭ ਤੋਂ) ਖ਼ਲਾਸੀ ਨਹੀਂ ਹੋ ਸਕਦੀ।
11489	260	ਸਾਸਿ ਸਾਸਿ ਹਮ ਭੂਲਨਹਾਰੇ॥		Saas Saas Ham Bhoolanehaarae ||	With each and every breath, I make mistakes.	ਹੇ ਗੁਪਾਲ! ਅਸੀਂ ਜੀਵ ਸੁਆਸ ਸੁਆਸ ਭੁੱਲਾਂ ਕਰਦੇ ਹਾਂ।
11490	260	ਤੁਮ ਸਮਰਥ ਅਗਨਤ ਅਪਾਰੇ॥	ਸਮਰੱਥ, ਅ-ਗਨਤ	Thum Samarathh Aganath Apaarae ||	You are All-powerful, endless and infinite.	ਤੂੰ ਸਾਡੀਆਂ ਭੁੱਲਾਂ ਨੂੰ ਬਖ਼ਸ਼ਣ-ਜੋਗ ਹੈਂ, ਤੇਰੇ ਗੁਣ ਗਿਣੇ ਨਹੀਂ ਜਾ ਸਕਦੇ, ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ।
11491	260	ਸਰਨਿ ਪਰੇ ਕੀ ਰਾਖੁ ਦਇਆਲਾ॥		Saran Parae Kee Raakh Dhaeiaalaa ||	I seek Your Sanctuary - please save me, Merciful Lord!	ਹੇ ਦਿਆਲ! ਸਰਨ ਪਿਆਂ ਦੀ ਲਾਜ ਰੱਖ (ਤੇ ਸਾਨੂੰ ਹਉਮੈ ਦੇ ਕੰਡੇ ਦੀ ਚੋਭ ਤੋਂ ਬਚਾਈ ਰੱਖ।)

11492	260	ਨਾਨਕ ਤੁਮਰੇ ਬਾਲ ਗੁਪਾਲਾ॥੪੮॥		Naanak Thumarae Baal Gupaalaa ||48||	Nanak is Your child, O Lord of the World. ||48||	ਹੇ ਨਾਨਕ! (ਪ੍ਰਭੂ ਅੱਗੇ ਅਰਦਾਸ ਕਰ, ਤੇ ਆਖ-) ਹੇ ਗੋਪਾਲ! ਅਸੀਂ ਤੇਰੇ ਬੱਚੇ ਹਾਂ ॥੪੮॥
11493	260	ਸਲੋਕੁ॥		Salok ||	Shalok:	
11494	260	ਖੁਦੀ ਮਿਟੀ ਤਬ ਸੁਖ ਭਏ ਮਨ ਤਨ ਭਏ ਅਰੋਗ॥		Khudhee Mittee Thab Sukh Bheae Man Than Bheae Arog ||	When selfishness and conceit are erased, peace comes, and the mind and body are healed.	ਜਦੋਂ ਮਨੁੱਖ ਦੀ ਹਉਮੈ ਦੂਰ ਹੋ ਜਾਂਦੀ ਹੈ, ਤਦੋਂ ਇਸ ਨੂੰ ਆਤਮਕ ਆਨੰਦ ਮਿਲਦਾ ਹੈ (ਜਿਸ ਦੀ ਬਰਕਤਿ ਨਾਲ) ਇਸ ਦਾ ਮਨ ਤੇ ਤਨ ਨਰੋਏ ਹੋ ਜਾਂਦੇ ਹਨ।
11495	260	ਨਾਨਕ ਦ੍ਰਿਸਟੀ ਆਇਆ ਉਸਤਤਿ ਕਰਨੈ ਜੋਗੁ॥੧॥		Naanak Dhrisattee Aaeiaa Ousathath Karanai Jog ||1||	O Nanak, then He comes to be seen - the One who is worthy of praise. ||1||	ਹੇ ਨਾਨਕ! (ਹਉਮੈ ਮਿਟਿਆਂ ਹੀ) ਮਨੁੱਖ ਨੂੰ ਉਹ ਪਰਮਾਤਮਾ (ਹਰ ਥਾਂ) ਦਿੱਸ ਪੈਂਦਾ ਹੈ ਜੋ ਸਚ-ਮੁਚ ਸਿਫ਼ਤ-ਸਾਲਾਹ ਦਾ ਹੱਕਦਾਰ ਹੈ ॥੧॥
11496	260	ਪਉੜੀ॥		Pourree ||	Pauree:	ਪਉੜੀ
11497	260	ਖਖਾ ਖਰਾ ਸਰਾਹਉ ਤਾਹੂ॥	(ਸਰਾਹਉ) ਸਲਾਹੋ। ਖੱਖਾ	Khakhaa Kharaa Saraaho Thaahoo ||	KHAKHA: Praise and extol Him on High,	ਮੈਂ ਉਸ ਪ੍ਰਭੂ ਦੀ ਸਿਫ਼ਤ-ਸਾਲਾਹ ਮਨ ਲਾ ਕੇ ਕਰਦਾ ਹਾਂ,
11498	260	ਜੋ ਖਿਨ ਮਹਿ ਊਨੇ ਸੁਭਰ ਭਰਾਹੂ॥	ਊਨੇ: ਪੋਲਾ ਬੋਲੋ, ਸੁੱਭਰ	Jo Khin Mehi Oonae Subhar Bharaahoo ||	Who fills the empty to over-flowing in an instant.	ਜੋ ਇਕ ਖਿਣ ਵਿਚ ਉਹਨਾਂ (ਹਿਰਦਿਆਂ) ਨੂੰ (ਭਲੇ ਗੁਣਾਂ ਨਾਲ) ਨਕਾ-ਨਕ ਭਰ ਦੇਂਦਾ ਹੈ ਜੋ ਪਹਿਲਾਂ (ਗੁਣਾਂ ਤੋਂ) ਸੱਖਣੇ ਸਨ।

11499	260	ਖਰਾ ਨਿਮਾਨਾ ਹੋਤ ਪਰਾਨੀ॥		Kharaa Nimaanaa Hoth Paraanee ||	When the mortal being becomes totally humble,	(ਖ਼ੁਦੀ ਮਿਟਾ ਕੇ ਜਦੋਂ) ਮਨੁੱਖ ਚੰਗੀ ਤਰ੍ਹਾਂ ਨਿਰ-ਅਹੰਕਾਰ ਹੋ ਜਾਂਦਾ ਹੈ,
11500	260	ਅਨ ਦਿਨੁ ਜਾਪੈ ਪ੍ਰਭ ਨਿਰਬਾਨੀ॥		Anadhin Jaapai Prabh Nirabaanee ||	Then he meditates night and day on God, the Detached Lord of Nirvaanaa.	ਤਾਂ ਹਰ ਵੇਲੇ ਵਾਸਨਾ-ਰਹਿਤ ਪਰਮਾਤਮਾ ਨੂੰ ਸਿਮਰਦਾ ਹੈ।
11501	260	ਭਾਵੈ ਖਸਮ ਤ ਉਆ ਸੁਖੁ ਦੇਤਾ॥		Bhaavai Khasam Th Ouaa Sukh Dhaethaa ||	If it pleases the Will of our Lord and Master, then He blesses us with peace.	(ਇਸ ਤਰ੍ਹਾਂ) ਮਨੁੱਖ ਖਸਮ-ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ, ਪ੍ਰਭੂ ਉਸ ਨੂੰ ਆਤਮਕ ਸੁਖ ਬਖ਼ਸ਼ਦਾ ਹੈ।
11502	260	ਪਾਰਬ੍ਰਹਮੁ ਐਸੋ ਆਗਨਤਾ॥	(ਆ–ਗਨਤਾ) ਅਨਗਿਣਤ	Paarabreham Aiso Aaganathaa ||	Such is the Infinite, Supreme Lord God.	ਪਾਰਬ੍ਰਹਮ ਬੜਾ ਬੇਅੰਤ ਹੈ (ਬੇ-ਪਰਵਾਹ ਹੈ),
11503	260	ਅਸੰਖ ਖਤੇ ਖਿਨ ਬਖਸਨਹਾਰਾ॥	ਖਤੇ:ਪੋਲਾ ਬੋਲੋ। (ਖਤੇ) ਪਾਪ	Asankh Khathae Khin Bakhasanehaaraa ||	He forgives countless sins in an instant.	ਉਹ ਜੀਵਾਂ ਦੇ ਅਣਗਿਣਤ ਹੀ ਪਾਪ ਖਿਣ ਵਿਚ ਬਖ਼ਸ਼ ਦੇਂਦਾ ਹੈ।
11504	260	ਨਾਨਕ ਸਾਹਿਬ ਸਦਾ ਦਇਆਰਾ॥੪੯॥		Naanak Saahib Sadhaa Dhaeiaaraa ||49||	O Nanak, our Lord and Master is merciful forever. ||49||	ਹੇ ਨਾਨਕ! ਮਾਲਕ-ਪ੍ਰਭੂ ਸਦਾ ਹੀ ਦਇਆ ਕਰਨ ਵਾਲਾ ਹੈ ॥੪੯॥
11505	260	ਸਲੋਕੁ॥		Salok ||	Shalok:	

11506	260	ਸਤਿ ਕਹਉ ਸੁਨਿ ਮਨ ਮੇਰੇ ਸਰਨਿ ਪਰਹੁ ਹਰਿ ਰਾਇ॥		Sath Keho Sun Man Maerae Saran Parahu Har Raae ||	I speak the Truth - listen, O my mind: take to the Sanctuary of the Sovereign Lord King.	ਹੇ ਮੇਰੇ ਮਨ! ਮੈਂ ਤੈਨੂੰ ਸੱਚੀ ਗੱਲ ਦੱਸਦਾ ਹਾਂ, (ਇਸ ਨੂੰ) ਸੁਣ। ਉਹ ਜੀਵਾਂ ਦੇ ਅਣਗਿਣਤ ਹੀ ਪਾਪ ਖਿਣ ਵਿਚ ਬਖ਼ਸ਼ ਦੇਂਦਾ ਹੈ ਪਰਮਾਤਮਾ ਦੀ ਸਰਨ ਪਉ।
11507	260	ਉਕਤਿ ਸਿਆਨਪ ਸਗਲ ਤਿਆਗਿ ਨਾਨਕ ਲਏ ਸਮਾਇ॥੧॥	(ਉਕਤਿ) ਬੁੱਧੀ	Oukath Siaanap Sagal Thiaag Naanak Leae Samaae ||1||	Give up all your clever tricks, O Nanak, and He shall absorb you into Himself. ||1||	ਹੇ ਨਾਨਕ! ਸਾਰੀਆਂ ਦਲੀਲ-ਬਾਜ਼ੀਆਂ ਤੇ ਸਿਆਣਪਾਂ ਛੱਡ ਦੇ, (ਸਰਲ ਸੁਭਾਵ ਹੋ ਕੇ ਆਸਰਾ ਲਏਂਗਾ, ਤਾਂ) ਪ੍ਰਭੂ ਤੈਨੂੰ ਆਪਣੇ ਚਰਨਾਂ ਵਿਚ ਜੋੜ ਲਏਗਾ ॥੧॥
11508	260	ਪਉੜੀ॥		Pourree ||	Pauree:	ਪਉੜੀ
11509	260	ਸਸਾ ਸਿਆਨਪ ਛਾਡੁ ਇਆਨਾ॥		Sasaa Siaanap Shhaadd Eiaanaa ||	SASSA: Give up your clever tricks, you ignorant fool!	ਹੇ ਮੇਰੇ ਅੰਞਾਣ ਮਨ! ਚਲਾਕੀਆਂ ਛੱਡ।
11510	260	ਹਿਕਮਤਿ ਹੁਕਮਿ ਨ ਪ੍ਰਭੁ ਪਤੀਆਨਾ॥	(ਹਿਕਮਤਿ) ਚਤੁਰਾਈ। (ਪਤੀਆਨਾ) ਪਤੀਜਦੇ	Hikamath Hukam N Prabh Patheeaanaa ||	God is not pleased with clever tricks and commands.	ਪਰਮਾਤਮਾ ਚਲਾਕੀਆਂ ਨਾਲ ਤੇ ਹੁਕਮ ਕੀਤਿਆਂ (ਭਾਵ, ਆਕੜ ਵਿਖਾਇਆਂ) ਖ਼ੁਸ਼ ਨਹੀਂ ਹੁੰਦਾ।
11511	260	ਸਹਸ ਭਾਤਿ ਕਰਹਿ ਚਤੁਰਾਈ॥	(ਸਹਸ) ਹਜ਼ਾਰਾਂ	Sehas Bhaath Karehi Chathuraaee ||	You may practice a thousand forms of cleverness,	ਜੇ ਤੂੰ ਹਜ਼ਾਰਾਂ ਕਿਸਮਾਂ ਦੀਆਂ ਚਲਾਕੀਆਂ ਭੀ ਕਰੇਂਗਾ,
11512	260	ਸੰਗਿ ਤੁਹਾਰੈ ਏਕ ਨ ਜਾਈ॥		Sang Thuhaarai Eaek N Jaaee ||	But not even one will go along with you in the end.	ਇੱਕ ਚਲਾਕੀ ਭੀ ਤੇਰੀ ਮਦਦ ਨਹੀਂ ਕਰ ਸਕੇਗੀ (ਪ੍ਰਭੂ ਦੀ ਹਜ਼ੂਰੀ ਵਿਚ ਤੇਰੇ ਨਾਲ ਨਹੀਂ ਜਾਇਗੀ, ਮੰਨੀ ਨਹੀਂ ਜਾ ਸਕੇਗੀ)।

11513	260	ਸੋਊ ਸੋਊ ਜਪਿ ਦਿਨ ਰਾਤੀ॥		Sooo Sooo Jap Dhin Raathee ||	Meditate on that Lord, that Lord, day and night.	ਹੇ ਮੇਰੀ ਜਿੰਦੇ! ਬੱਸ! ਉਸ ਪ੍ਰਭੂ ਨੂੰ ਹੀ ਦਿਨ ਰਾਤ ਯਾਦ ਕਰਦੀ ਰਹੁ,
11514	260	ਰੇ ਜੀਅ ਚਲੈ ਤੁਹਾਰੈ ਸਾਥੀ॥	ਚੱਲੈ	Rae Jeea Chalai Thuhaarai Saathhee ||	O soul, He alone shall go along with you.	ਪ੍ਰਭੂ ਦੀ ਯਾਦ ਨੇ ਹੀ ਤੇਰੇ ਨਾਲ ਜਾਣਾ ਹੈ।
11515	260	ਸਾਧ ਸੇਵਾ ਲਾਵੈ ਜਿਹ ਆਪੈ॥		Saadhh Saevaa Laavai Jih Aapai ||	Those whom the Lord Himself commits to the service of the Holy,	(ਪਰ ਇਹ ਸਿਮਰਨ ਉਹੀ ਕਰ ਸਕਦਾ ਹੈ ਜਿਸ ਨੂੰ ਪ੍ਰਭੂ ਆਪ ਗੁਰੂ ਦੇ ਦਰ ਤੇ ਲਿਆਵੇ) ਜਿਸ ਮਨੁੱਖ ਨੂੰ ਪ੍ਰਭੂ ਆਪ ਗੁਰੂ ਦੀ ਸੇਵਾ ਵਿਚ ਜੋੜਦਾ ਹੈ,
11516	260	ਨਾਨਕ ਤਾ ਕਉ ਦੂਖੁ ਨ ਬਿਆਪੈ॥੫੦॥		Naanak Thaa Ko Dhookh N Biaapai ||50||	O Nanak, are not afflicted by suffering. ||50||	ਹੇ ਨਾਨਕ! ਉਸ ਉਤੇ ਕੋਈ ਦੁੱਖ-ਕਲੇਸ਼ ਜ਼ੋਰ ਨਹੀਂ ਪਾ ਸਕਦਾ ॥੫੦॥
11517	260	ਸਲੋਕੁ॥		Salok ||	Shalok:	
11518	260	ਹਰਿ ਹਰਿ ਮੁਖ ਤੇ ਬੋਲਨਾ ਮਨਿ ਵੂਠੈ ਸੁਖੁ ਹੋਇ॥	(ਵੂਠੈ) ਵਸੇ	Har Har Mukh Thae Bolanaa Man Voothai Sukh Hoe ||	Chanting the Name of the Lord, Har, Har, and keeping it in your mind, you shall find peace.	ਹਰੀ ਦਾ ਜਾਪ ਮੂੰਹ ਨਾਲ ਕੀਤਿਆਂ ਜਦੋਂ ਉਹ ਮਨ ਵਿਚ ਆ ਵੱਸਦਾ ਹੈ, ਤਾਂ ਆਤਮਕ ਆਨੰਦ ਪੈਦਾ ਹੁੰਦਾ ਹੈ।
11519	260	ਨਾਨਕ ਸਭ ਮਹਿ ਰਵਿ ਰਹਿਆ ਥਾਨ ਥਨੰਤਰਿ ਸੋਇ॥੧॥		Naanak Sabh Mehi Rav Rehiaa Thhaan Thhananthar Soe ||1||	O Nanak, the Lord is pervading everywhere; He is contained in all spaces and interspaces. ||1||	ਹੇ ਨਾਨਕ! ਉਹ ਪ੍ਰਭੂ ਸਭ ਜੀਵਾਂ ਵਿਚ ਵਿਆਪਕ ਹੈ, ਹਰੇਕ ਥਾਂ ਦੇ ਅੰਦਰ ਮੌਜੂਦ ਹੈ ॥੧॥

11520	260	ਪਉੜੀ॥		Pourree ||	Pauree:	ਪਉੜੀ
11521	260	ਹੇਰਉ ਘਟਿ ਘਟਿ ਸਗਲ ਕੈ ਪੂਰਿ ਰਹੇ ਭਗਵਾਨ॥	(ਹੇਰਉ) ਦੇਖਣਾ	Haero Ghatt Ghatt Sagal Kai Poor Rehae Bhagavaan ||	Behold! The Lord God is totally pervading each and every heart.	ਮੈਂ ਸਭ ਜੀਵਾਂ ਦੇ ਸਰੀਰ ਵਿਚ ਵੇਖਦਾ ਹਾਂ ਕਿ ਪਰਮਾਤਮਾ ਹੀ ਆਪ ਮੌਜੂਦ ਹੈ।
11522	260	ਹੋਵਤ ਆਏ ਸਦ ਸਦੀਵ ਦੁਖ ਭੰਜਨ ਗੁਰ ਗਿਆਨ॥		Hovath Aaeae Sadh Sadheev Dhukh Bhanjan Gur Giaan ||	Forever and ever, the Guru's wisdom has been the Destroyer of pain.	ਪਰਮਾਤਮਾ ਸਦਾ ਤੋਂ ਹੀ ਹੋਂਦ ਵਾਲਾ ਚਲਿਆ ਆ ਰਿਹਾ ਹੈ, ਉਹ ਜੀਵਾਂ ਦੇ ਦੁੱਖ ਭੀ ਨਾਸ ਕਰਨ ਵਾਲਾ ਹੈ-ਇਹ ਸੂਝ ਗੁਰੂ ਦਾ ਗਿਆਨ ਦੇਂਦਾ ਹੈ (ਗੁਰੂ ਦੇ ਉਪਦੇਸ਼ ਤੋਂ ਇਹ ਸਮਝ ਪੈਂਦੀ ਹੈ)।
11523	260	ਹਉ ਛੁਟਕੈ ਹੋਇ ਅਨੰਦੁ ਤਿਹ ਹਉ ਨਾਹੀ ਤਹ ਆਪਿ॥		Ho Shhuttakai Hoe Anandh Thih Ho Naahee Theh Aap ||	Quieting the ego, ecstasy is obtained. Where the ego does not exist, God Himself is there.	ਮਨੁੱਖ ਦੀ ਹਉਮੈ ਮੁੱਕ ਜਾਂਦੀ ਹੈ, ਮਨ ਵਿਚ ਆਨੰਦ ਪੈਦਾ ਹੋ ਜਾਂਦਾ ਹੈ, ਮਨ ਵਿਚੋਂ ਹਉਮੈ ਦਾ ਅਭਾਵ ਹੋ ਜਾਂਦਾ ਹੈ, ਉਥੇ ਪ੍ਰਭੂ ਆਪ ਆ ਵੱਸਦਾ ਹੈ।
11524	260	ਹਤੇ ਦੂਖ ਜਨਮਹ ਮਰਨ ਸੰਤਸੰਗ ਪਰਤਾਪ॥	ਹਤੇ:ਪੋਲਾ ਬੋਲੋ। (ਹਤੇ) ਨਾਸ ਹੋਏ	Hathae Dhookh Janameh Maran Santhasang Parathaap ||	The pain of birth and death is removed, by the power of the Society of the Saints.	ਸੰਤਾਂ ਦੀ ਸੰਗਤਿ ਦੀ ਬਰਕਤਿ ਨਾਲ ਮਨੁੱਖ ਦੇ ਜਨਮ ਮਰਨ ਦੇ ਦੁੱਖ ਨਾਸ ਹੋ ਜਾਂਦੇ ਹਨ।
11525	260	ਹਿਤ ਕਰਿ ਨਾਮ ਦ੍ਰਿੜੈ ਦਇਆਲਾ॥	(ਹਿਤ) ਪ੍ਰੇਮ	Hith Kar Naam Dhrirrai Dhaeiaalaa ||	He becomes kind to those who lovingly enshrine the Name of the Merciful Lord within their hearts,	ਜੇਹੜਾ ਮਨੁੱਖ ਪ੍ਰੇਮ ਨਾਲ ਦਿਆਲ ਪ੍ਰਭੂ ਦਾ ਨਾਮ ਆਪਣੇ ਹਿਰਦੇ ਵਿਚ ਟਿਕਾਂਦਾ ਹੈ,

11526	260	ਸੰਤਹ ਸੰਗਿ ਹੋਤ ਕਿਰਪਾਲਾ॥		Santheh Sang Hoth Kirapaalaa ||	In the Society of the Saints.	ਜੋ ਸੰਤ ਜਨਾਂ ਦੀ ਸੰਗਤਿ ਵਿਚ ਰਹਿੰਦਾ ਹੈ, ਪ੍ਰਭੂ ਉਸ ਉਤੇ ਕਿਰਪਾ ਕਰਦਾ ਹੈ।
11527	261	ਓਰੈ ਕਛੂ ਨ ਕਿਨਹੂ ਕੀਆ॥	ਪ੍ਰਮੇਸ਼ਰ ਤੋਂ (ਓਰੈ)ਉਰੇ	Ourai Kashhoo N Kinehoo Keeaa ||	In this world, no one accomplishes anything by himself.	(ਉਸ ਮਨੁੱਖ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ) ਪਰਮਾਤਮਾ ਤੋਂ ਉਰੇ ਹੋਰ ਕੋਈ ਕੁਝ ਕਰਨ-ਜੋਗਾ ਨਹੀਂ ਹੈ,
11528	261	ਨਾਨਕ ਸਭੁ ਕਛੁ ਪ੍ਰਭ ਤੇ ਹੂਆ॥੫੧॥		Naanak Sabh Kashh Prabh Thae Hooaa ||51||	O Nanak, everything is done by God. ||51||	ਹੇ ਨਾਨਕ! ਇਹ ਸਾਰਾ ਜਗਤ-ਆਕਾਰ ਪਰਮਾਤਮਾ ਤੋਂ ਹੀ ਪਰਗਟ ਹੋਇਆ ਹੈ ॥੫੧॥
11529	261	ਸਲੋਕੁ॥		Salok ||	Shalok:	
11530	261	ਲੇਖੈ ਕਤਹਿ ਨ ਛੂਟੀਐ ਖਿਨੁ ਖਿਨੁ ਭੂਲਨਹਾਰ॥		Laekhai Kathehi N Shhootteeai Khin Khin Bhoolanehaar ||	Because of the balance due on his account, he can never be released; he makes mistakes each and every moment.	ਅਸੀਂ ਜੀਵ ਖਿਨ ਖਿਨ ਪਿੱਛੋਂ ਭੁੱਲਾਂ ਕਰਨ ਵਾਲੇ ਹਾਂ, ਜੇ ਸਾਡੀਆਂ ਭੁੱਲਾਂ ਦਾ ਲੇਖਾ ਹੋਵੇ ਤਾਂ ਅਸੀਂ ਕਿਸੇ ਤਰ੍ਹਾਂ ਭੀ ਇਸ ਭਾਰ ਤੋਂ ਸੁਰਖ਼ਰੂ ਨਹੀਂ ਹੋ ਸਕਦੇ।
11531	261	ਬਖਸਨਹਾਰ ਬਖਸਿ ਲੈ ਨਾਨਕ ਪਾਰਿ ਉਤਾਰ॥੧॥		Bakhasanehaar Bakhas Lai Naanak Paar Outhaar ||1||	O Forgiving Lord, please forgive me, and carry Nanak across. ||1||	ਹੇ ਨਾਨਕ! (ਆਖ-) ਹੇ ਬਖ਼ਸ਼ਿੰਦ ਪ੍ਰਭੂ! ਤੂੰ ਆਪ ਹੀ ਸਾਡੀਆਂ ਭੁੱਲਾਂ ਬਖ਼ਸ਼, ਤੇ ਸਾਨੂੰ (ਵਿਕਾਰਾਂ ਦੇ ਸਮੁੰਦਰ ਵਿਚ ਡੁਬਦਿਆਂ ਨੂੰ) ਪਾਰ ਲੰਘਾ ॥੧॥
11532	261	ਪਉੜੀ॥		Pourree ||	Pauree:	ਪਉੜੀ

11533	261	ਲੂਣਹਰਾਮੀ ਗੁਨਹਗਾਰ ਬੇਗਾਨਾ ਅਲਪ ਮਤਿ॥	ਅਲਪ: ਪੋਲਾ ਬੋਲੋ ਮਿਲਵਾਂ। (ਅਲਪ) ਥੋੜੀ। ਲੂਣ-ਹਰਾਮੀ	Loon Haraamee Gunehagaar Baegaanaa Alap Math ||	The sinner is unfaithful to himself; he is ignorant, with shallow understanding.	ਮਨੁੱਖ ਨਾ-ਸ਼ੁਕਰਾ ਹੈ, ਗੁਨਹਗਾਰ ਹੈ, ਹੋਛੀ ਮਤ ਵਾਲਾ ਹੈ, ਪਰਮਾਤਮਾ ਨਾਲੋਂ ਓਪਰਾ ਹੀ ਰਹਿੰਦਾ ਹੈ,
11534	261	ਜੀਉ ਪਿੰਡੁ ਜਿਨਿ ਸੁਖ ਦੀਏ ਤਾਹਿ ਨ ਜਾਨਤ ਤਤ॥	ਤੱਤ	Jeeo Pindd Jin Sukh Dheeeae Thaahi N Jaanath Thath ||	He does not know the essence of all, the One who gave him body, soul and peace.	ਜਿਸ ਪ੍ਰਭੂ ਨੇ ਇਹ ਜਿੰਦ ਤੇ ਸਰੀਰ ਦਿੱਤੇ ਹਨ, ਉਸ ਅਸਲੇ ਨੂੰ ਪਛਾਣਦਾ ਹੀ ਨਹੀਂ।
11535	261	ਲਾਹਾ ਮਾਇਆ ਕਾਰਨੇ ਦਹ ਦਿਸਿ ਢੂਢਨ ਜਾਇ॥		Laahaa Maaeiaa Kaaranae Dheh Dhis Dtoodtan Jaae ||	For the sake of personal profit and Maya, he goes out, searching in the ten directions.	ਮਾਇਆ ਖੱਟਣ ਦੀ ਖ਼ਾਤਰ ਦਸੀਂ ਪਾਸੀਂ ਭਾਲ ਕਰਨ ਤੁਰਿਆ ਫਿਰਦਾ ਹੈ,
11536	261	ਦੇਵਨਹਾਰ ਦਾਤਾਰ ਪ੍ਰਭ ਨਿਮਖ ਨ ਮਨਹਿ ਬਸਾਇ॥		Dhaevanehaar Dhaathaar Prabh Nimakh N Manehi Basaae ||	He does not enshrine the Generous Lord God, the Great Giver, in his mind, even for an instant.	ਪਰ ਜੇਹੜਾ ਪ੍ਰਭੂ ਦਾਤਾਰ ਸਭ ਕੁਝ ਦੇਣ ਜੋਗਾ ਹੈ, ਉਸ ਨੂੰ ਅੱਖ ਦੇ ਫੋਰ ਜਿਤਨੇ ਸਮੇ ਲਈ ਭੀ ਆਪਣੇ ਮਨ ਵਿਚ ਨਹੀਂ ਵਸਾਂਦਾ।
11537	261	ਲਾਲਚ ਝੂਠ ਬਿਕਾਰ ਮੋਹ ਇਆ ਸੰਪੈ ਮਨ ਮਾਹਿ॥	(ਸੰਪੈ) ਧਨ	Laalach Jhooth Bikaar Moh Eiaa Sanpai Man Maahi ||	Greed, falsehood, corruption and emotional attachment - these are what he collects within his mind.	ਲਾਲਚ, ਝੂਠ, ਵਿਕਾਰ ਤੇ ਮਾਇਆ ਦਾ ਮੋਹ-ਬੱਸ! ਇਹੀ ਧਨ ਮਨੁੱਖ ਆਪਣੇ ਮਨ ਵਿਚ ਸਾਂਭੀ ਬੈਠਾ ਹੈ।

11538	261	ਲੰਪਟ ਚੋਰ ਨਿੰਦਕ ਮਹਾ ਤਿਨਹੂ ਸੰਗਿ ਬਿਹਾਇ॥	(ਲੰਪਟ) ਵਿਸ਼ਈ	Lanpatt Chor Nindhak Mehaa Thinehoo Sang Bihaae ||	The worst perverts, thieves and slanderers - he passes his time with them.	ਜੋ ਵਿਸ਼ਈ ਹਨ, ਚੋਰ ਹਨ, ਮਹਾ ਨਿੰਦਕ ਹਨ, ਉਹਨਾਂ ਦੇ ਸਾਥ ਵਿਚ ਇਸ ਦੀ ਉਮਰ ਬੀਤਦੀ ਹੈ।
11539	261	ਤੁਧੁ ਭਾਵੈ ਤਾ ਬਖਸਿ ਲੈਹਿ ਖੋਟੇ ਸੰਗਿ ਖਰੇ॥		Thudhh Bhaavai Thaa Bakhas Laihi Khottae Sang Kharae ||	But if it pleases You, Lord, then You forgive the counterfeit along with the genuine.	(ਪਰ, ਹੇ ਪ੍ਰਭੂ!) ਜੇ ਤੈਨੂੰ ਚੰਗਾ ਲੱਗੇ ਤਾਂ ਤੂੰ ਆਪ ਹੀ ਖੋਟਿਆਂ ਨੂੰ ਖਰਿਆਂ ਦੀ ਸੰਗਤਿ ਵਿਚ ਰੱਖ ਕੇ ਬਖ਼ਸ਼ ਲੈਂਦਾ ਹੈਂ।
11540	261	ਨਾਨਕ ਭਾਵੈ ਪਾਰਬ੍ਰਹਮ ਪਾਹਨ ਨੀਰਿ ਤਰੇ॥੫੨॥	(ਪਾਹਨ) ਪੱਥਰ	Naanak Bhaavai Paarabreham Paahan Neer Tharae ||52||	O Nanak, if it pleases the Supreme Lord God, then even a stone will float on water. ||52||	ਹੇ ਨਾਨਕ! ਜੇ ਪਰਮਾਤਮਾ ਨੂੰ ਚੰਗਾ ਲੱਗੇ ਤਾਂ ਉਹ (ਵਿਚਾਰਾਂ ਵਿਚ) ਪੱਥਰ-ਦਿਲ ਹੋ ਚੁੱਕੇ ਬੰਦਿਆਂ ਨੂੰ ਨਾਮ-ਅੰਮ੍ਰਿਤ ਦੀ ਦਾਤ ਦੇ ਕੇ (ਵਿਕਾਰਾਂ ਦੀਆਂ ਲਹਿਰਾਂ ਵਿਚ ਡੁਬਣੋਂ) ਬਚਾ ਲੈਂਦਾ ਹੈ ॥੫੨॥
11541	261	ਸਲੋਕੁ॥		Salok ||	Shalok:	
11542	261	ਖਾਤ ਪੀਤ ਖੇਲਤ ਹਸਤ ਭਰਮੇ ਜਨਮ ਅਨੇਕ॥		Khaath Peeth Khaelath Hasath Bharamae Janam Anaek ||	Eating, drinking, playing and laughing, I have wandered through countless incarnations.	ਹੇ ਪ੍ਰਭੂ! ਅਸੀਂ ਜੀਵ ਮਾਇਕ ਪਦਾਰਥ ਹੀ ਖਾਂਦੇ ਪੀਂਦੇ, ਤੇ ਮਾਇਆ ਦੇ ਰੰਗ ਤਮਾਸ਼ਿਆਂ ਵਿਚ ਹੀ ਹੱਸਦੇ ਖੇਡਦੇ ਅਨੇਕਾਂ ਜੂਨਾਂ ਵਿਚ ਭਟਕਦੇ ਆ ਰਹੇ ਹਾਂ,

11543	261	ਭਵਜਲ ਤੇ ਕਾਢਹੁ ਪ੍ਰਭੂ ਨਾਨਕ ਤੇਰੀ ਟੇਕ॥੧॥		Bhavajal Thae Kaadtahu Prabhoo Naanak Thaeree Ttaek ||1||	Please, God, lift me up and out of the terrifying world-ocean. Nanak seeks Your Support. ||1||	ਹੇ ਨਾਨਕ! (ਆਖ-) ਸਾਨੂੰ ਤੂੰ ਆਪ ਹੀ ਸੰਸਾਰ-ਸਮੁੰਦਰ ਵਿਚੋਂ ਕੱਢ, ਸਾਨੂੰ ਤੇਰਾ ਹੀ ਆਸਰਾ ਹੈ ॥੧॥
11544	261	ਪਉੜੀ॥		Pourree ||	Pauree:	ਪਉੜੀ
11545	261	ਖੇਲਤ ਖੇਲਤ ਆਇਓ ਅਨਿਕ ਜੋਨਿ ਦੁਖ ਪਾਇ॥	ਖ੍ਹੇਲਤ ਖ੍ਹੇਲਤ	Khaelath Khaelath Aaeiou Anik Jon Dhukh Paae ||	Playing, playing, I have been reincarnated countless times, but this has only brought pain.	ਮਨੁੱਖ ਮਾਇਕ ਰੰਗਾਂ ਵਿਚ ਮਨ ਪਰਚਾਂਦਾ ਪਰਚਾਂਦਾ ਅਨੇਕਾਂ ਜੂਨਾਂ ਵਿਚੋਂ ਲੰਘਦਾ ਦੁੱਖ ਪਾਂਦਾ ਆਉਂਦਾ ਹੈ।
11546	261	ਖੇਦ ਮਿਟੇ ਸਾਧੂ ਮਿਲਤ ਸਤਿਗੁਰ ਬਚਨ ਸਮਾਇ॥	(ਖੇਦ) ਦੁੱਖ	Khaedh Mittae Saadhhoo Milath Sathigur Bachan Samaae ||	Troubles are removed, when one meets with the Holy; immerse yourself in the Word of the True Guru.	ਜੇ ਗੁਰੂ ਮਿਲ ਪਏ, ਜੇ ਗੁਰੂ ਦੇ ਬਚਨਾਂ ਵਿਚ ਚਿੱਤ ਜੁੜ ਜਾਏ, ਤਾਂ ਸਾਰੇ ਦੁੱਖ-ਕਲੇਸ਼ ਮਿਟ ਜਾਂਦੇ ਹਨ।
11547	261	ਖਿਮਾ ਗਹੀ ਸਚੁ ਸੰਚਿਓ ਖਾਇਓ ਅੰਮ੍ਰਿਤੁ ਨਾਮ॥	(ਗਹੀ) ਗ੍ਰਹਣ ਕੀਤੀ। (ਸੰਚਿਓ) ਜੋੜਿਆ	Khimaa Gehee Sach Sanchiou Khaaeiou Anmrith Naam ||	Adopting an attitude of tolerance, and gathering truth, partake of the Ambrosial Nectar of the Name.	ਜਿਸ ਨੇ (ਗੁਰੂ-ਦਰ ਤੋਂ) ਖਿਮਾ ਦਾ ਸੁਭਾਉ ਗ੍ਰਹਣ ਕਰ ਲਿਆ, ਨਾਮ-ਧਨ ਇਕੱਠਾ ਕੀਤਾ, ਨਾਮ-ਅੰਮ੍ਰਿਤ ਨੂੰ ਆਪਣੀ ਆਤਮਕ ਖ਼ੁਰਾਕ ਬਣਾਇਆ,

11548	261	ਖਰੀ ਕ੍ਰਿਪਾ ਠਾਕੁਰ ਭਈ ਅਨਦ ਸੂਖ ਬਿਸ੍ਰਾਮ॥	ਅਨ-ਦ: ਪੋਲਾ ਬੋਲੋ	Kharee Kirapaa Thaakur Bhee Anadh Sookh Bisraam ||	When my Lord and Master showed His Great Mercy, I found peace, happiness and bliss.	ਉਸ ਉਤੇ ਪਰਮਾਤਮਾ ਦੀ ਬੜੀ ਮਿਹਰ ਹੁੰਦੀ ਹੈ, ਉਹ ਆਤਮਕ ਆਨੰਦ-ਸੁਖ ਵਿਚ ਟਿਕਿਆ ਰਹਿੰਦਾ ਹੈ।
11549	261	ਖੇਪ ਨਿਬਾਹੀ ਬਹੁਤੁ ਲਾਭ ਘਰਿ ਆਏ ਪਤਿਵੰਤ॥	(ਖੇਪ) ਸੌਦਾ	Khaep Nibaahee Bahuth Laabh Ghar Aaeae Pathivanth ||	My merchandise has arrived safely, and I have made a great profit; I have returned home with honor.	ਜਿਸ ਮਨੁੱਖ ਨੇ (ਗੁਰੂ ਤੋਂ ਜਾਚ ਸਿੱਖ ਕੇ ਸਿਫ਼ਤ-ਸਾਲਾਹ ਦਾ) ਵਣਜ-ਵਪਾਰ (ਸਾਰੀ ਉਮਰ) ਤੋੜ ਨਿਬਾਹਿਆ, ਉਸ ਨੇ ਲਾਭ ਖੱਟਿਆ, ਉਹ (ਭਟਕਣਾ ਤੋਂ ਬਚ ਕੇ) ਅਡੋਲ-ਮਨ ਹੋ ਜਾਂਦਾ ਹੈ ਤੇ ਆਦਰ ਖੱਟਦਾ ਹੈ।
11550	261	ਖਰਾ ਦਿਲਾਸਾ ਗੁਰਿ ਦੀਆ ਆਇ ਮਿਲੇ ਭਗਵੰਤ॥		Kharaa Dhilaasaa Gur Dheeaa Aae Milae Bhagavanth ||	The Guru has given me great consolation, and the Lord God has come to meet me.	ਗੁਰੂ ਨੇ ਉਸ ਨੂੰ ਹੋਰ ਚੰਗੀ ਦਿਲੀ ਢਾਰਸ ਦਿੱਤੀ, ਤੇ ਉਹ ਭਗਵਾਨ ਦੇ ਚਰਨਾਂ ਵਿਚ ਜੁੜਿਆ।
11551	261	ਆਪਨ ਕੀਆ ਕਰਹਿ ਆਪਿ ਆਗੈ ਪਾਛੈ ਆਪਿ॥		Aapan Keeaa Karehi Aap Aagai Paashhai Aap ||	He Himself has acted, and He Himself acts. He was in the past, and He shall be in the future.	(ਪਰ ਇਹ ਸਭ ਪ੍ਰਭੂ ਦੀ ਮਿਹਰ ਹੈ)। ਹੇ ਪ੍ਰਭੂ! ਇਹ ਸਾਰਾ ਖੇਲ ਤੂੰ ਹੀ ਕੀਤਾ ਹੈ, ਹੁਣ ਭੀ ਤੂੰ ਹੀ ਸਭ ਕੁਝ ਕਰ ਰਿਹਾ ਹੈਂ। ਲੋਕ ਪਰਲੋਕ ਵਿਚ ਜੀਆਂ ਦਾ ਰਾਖਾ ਤੂੰ ਆਪ ਹੀ ਹੈਂ।

11552	261	ਨਾਨਕ ਸੋਊ ਸਰਾਹੀਐ ਜਿ ਘਟਿ ਘਟਿ ਰਹਿਆ ਬਿਆਪਿ॥੫੩॥	(ਸਰਾਹੀਐ) ਸਲਾਹੀਏ	Naanak Sooo Saraaheeai J Ghatt Ghatt Rehiaa Biaap ||53||	O Nanak, praise the One, who is contained in each and every heart. ||53||	ਹੇ ਨਾਨਕ! ਜੋ ਪ੍ਰਭੂ ਹਰੇਕ ਸਰੀਰ ਵਿਚ ਮੌਜੂਦ ਹੈ, ਸਦਾ ਉਸੇ ਦੀ ਹੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ ॥੫੩॥
11553	261	ਸਲੋਕੁ॥		Salok ||	Shalok:	
11554	261	ਆਏ ਪ੍ਰਭ ਸਰਨਾਗਤੀ ਕਿਰਪਾਨਿਧਿ ਦਇਆਲ॥	ਸਰਨਾਗਤੀ	Aaeae Prabh Saranaagathee Kirapaa Nidhh Dhaeiaal ||	O God, I have come to Your Sanctuary, O Merciful Lord, Ocean of compassion.	ਹੇ ਪ੍ਰਭੂ! ਹੇ ਕਿਰਪਾ ਦੇ ਖ਼ਜ਼ਾਨੇ! ਹੇ ਦਿਆਲ! ਅਸੀਂ ਤੇਰੀ ਸਰਨ ਆਏ ਹਾਂ।
11555	261	ਏਕ ਅਖਰੁ ਹਰਿ ਮਨਿ ਬਸਤ ਨਾਨਕ ਹੋਤ ਨਿਹਾਲ॥੧॥	(ਅਖਰੁ) ਬ੍ਰਹਮ। ਬਸਤ: ਪੋਲਾ ਬੋਲੋ	Eaek Akhar Har Man Basath Naanak Hoth Nihaal ||1||	One whose mind is filled with the One Word of the Lord, O Nanak, becomes totally blissful. ||1||	ਹੇ ਨਾਨਕ! (ਆਖ) ਜਿਨ੍ਹਾਂ ਦੇ ਮਨ ਵਿਚ ਇਕ ਅਵਿਨਾਸ਼ੀ ਪ੍ਰਭੂ ਵੱਸਦਾ ਰਹਿੰਦਾ ਹੈ, ਉਹਨਾਂ ਦਾ ਮਨ ਸਦਾ ਖਿੜਿਆ ਰਹਿੰਦਾ ਹੈ ॥੧॥
11556	261	ਪਉੜੀ॥		Pourree ||	Pauree:	ਪਉੜੀ
11557	261	ਅਖਰ ਮਹਿ ਤ੍ਰਿਭਵਨ ਪ੍ਰਭਿ ਧਾਰੇ॥	(ਅੱਖਰ) ਬ੍ਰਹਮ	Akhar Mehi Thribhavan Prabh Dhaarae ||	In the Word, God established the three worlds.	ਇਹ ਤਿੰਨੇ ਭਵਨ (ਸਾਰਾ ਹੀ ਜਗਤ) ਪ੍ਰਭੂ ਨੇ ਆਪਣਾ ਹੁਕਮ ਵਿਚ ਹੀ ਰਚੇ ਹਨ।

11558	261	ਅਖਰ ਕਰਿ ਕਰਿ ਬੇਦ ਬੀਚਾਰੇ॥		Akhar Kar Kar Baedh Beechaarae ||	Created from the Word, the Vedas are contemplated.	ਪ੍ਰਭੂ ਦੇ ਹੁਕਮ ਅਨੁਸਾਰ ਹੀ ਵੇਦ ਰਚੇ ਗਏ, ਤੇ ਵਿਚਾਰੇ ਗਏ।
11559	261	ਅਖਰ ਸਾਸਤ੍ਰ ਸਿੰਮ੍ਰਿਤਿ ਪੁਰਾਨਾ॥	ਸਿੰਮ-ਰ੍ਿਤਿ	Akhar Saasathr Sinmrith Puraanaa ||	From the Word, came the Shaastras, Simritees and Puraanas.	ਸਾਰੇ ਸ਼ਾਸਤ੍ਰ ਸਿਮ੍ਰਿਤੀਆਂ ਤੇ ਪੁਰਾਣ ਪ੍ਰਭੂ ਦੇ ਹੁਕਮ ਦਾ ਪ੍ਰਗਟਾਵ ਹਨ।
11560	261	ਅਖਰ ਨਾਦ ਕਥਨ ਵਖ੍ਯਾਨਾ॥	ਵਖਿਆਨਾ	Akhar Naadh Kathhan Vakhyaanaa ||	From the Word, came the sound current of the Naad, speeches and explanations.	ਇਹਨਾਂ ਪੁਰਾਣਾਂ ਸ਼ਾਸਤ੍ਰਾਂ ਤੇ ਸਿਮ੍ਰਿਤੀਆਂ ਦੇ ਕੀਰਤਨ ਕਥਾ ਤੇ ਵਿਆਖਿਆ ਭੀ ਪ੍ਰਭੂ ਦੇ ਹੁਕਮ ਦਾ ਹੀ ਜ਼ਹੂਰ ਹਨ।
11561	261	ਅਖਰ ਮੁਕਤਿ ਜੁਗਤਿ ਭੈ ਭਰਮਾ॥		Akhar Mukath Jugath Bhai Bharamaa ||	From the Word, comes the way of liberation from fear and doubt.	ਦੁਨੀਆ ਦੇ ਡਰਾਂ ਭਰਮਾਂ ਤੋਂ ਖ਼ਲਾਸੀ ਲੱਭਣੀ ਭੀ ਪ੍ਰਭੂ ਦੇ ਹੁਕਮ ਦਾ ਪ੍ਰਕਾਸ਼ ਹੈ।
11562	261	ਅਖਰ ਕਰਮ ਕਿਰਤਿ ਸੁਚ ਧਰਮਾ॥		Akhar Karam Kirath Such Dhharamaa ||	From the Word, come religious rituals, karma, sacredness and Dharma.	(ਮਨੁੱਖਾ ਜਨਮ ਵਿਚ) ਕਰਨਯੋਗ ਕਰਮਾਂ ਦੀ ਪਛਾਣ ਕਰਨੀ ਆਤਮਕ ਪਵਿਤ੍ਰਤਾ ਦੇ ਨਿਯਮਾਂ ਦੀ ਭਾਲ-ਇਹ ਭੀ ਪ੍ਰਭੂ ਦੇ ਹੁਕਮ ਦਾ ਹੀ ਦ੍ਰਿੱਸ਼ ਹੈ।
11563	261	ਦ੍ਰਿਸਟਿਮਾਨ ਅਖਰ ਹੈ ਜੇਤਾ॥	(ਅੱਖਰ) ਅਕਾਰ	Dhrisattimaan Akhar Hai Jaethaa ||	In the visible universe, the Word is seen.	ਜਿਤਨਾ ਭੀ ਇਹ ਦਿੱਸ ਰਿਹਾ ਸੰਸਾਰ ਹੈ, ਇਹ ਸਾਰਾ ਹੀ ਪ੍ਰਭੂ ਦੇ ਹੁਕਮ ਦਾ ਸਰਗੁਣ ਰੂਪ ਹੈ,

11564	261	ਨਾਨਕ ਪਾਰਬ੍ਰਹਮ ਨਿਰਲੇਪਾ॥੫੪॥		Naanak Paarabreham Niralaepaa ||54||	O Nanak, the Supreme Lord God remains unattached and untouched. ||54||	ਪਰ ਹੇ ਨਾਨਕ! (ਹੁਕਮ ਦਾ ਮਾਲਕ) ਪ੍ਰਭੂ ਆਪ (ਇਸ ਸਾਰੇ ਪਸਾਰੇ ਦੇ) ਪ੍ਰਭਾਵ ਤੋਂ ਪਰੇ ਹੈ ॥੫੪॥
11565	261	ਸਲੋਕੁ॥		Salok ||	Shalok:	
11566	261	ਹਥਿ ਕਲੰਮ ਅਗੰਮ ਮਸਤਕਿ ਲਿਖਾਵਤੀ॥	ਹੱਥਿ	Hathh Kalanm Aganm Masathak Likhaavathee ||	With pen in hand, the Inaccessible Lord writes man's destiny on his forehead.	ਅਪਹੁੰਚ ਹਰੀ ਦੇ ਹੱਥ ਵਿਚ (ਹੁਕਮ ਰੂਪ) ਕਲਮ (ਫੜੀ ਹੋਈ) ਹੈ, (ਸਭ ਜੀਵਾਂ ਦੇ) ਮੱਥੇ ਉਤੇ (ਆਪਣੇ ਹੁਕਮ ਰੂਪ ਕਲਮ ਨਾਲ ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਲੇਖ) ਲਿਖੀ ਜਾ ਰਿਹਾ ਹੈ।
11567	261	ਉਰਝਿ ਰਹਿਓ ਸਭ ਸੰਗਿ ਅਨੂਪ ਰੂਪਾਵਤੀ॥	(ਅਨੂਪ) ਉਪਮਾ ਰਹਿਤ (ਰੂਪਾਵਤੀ) ਰੂਪ ਵਾਲੇ ਵਾਹਿਗੁਰੂ ਜੀ	Ourajh Rehiou Sabh Sang Anoop Roopaavathee ||	The Lord of Incomparable Beauty is involved with all.	ਉਹ ਸੋਹਣੇ ਰੂਪ ਵਾਲਾ ਪ੍ਰਭੂ ਸਭ ਜੀਵਾਂ ਦੇ ਨਾਲ (ਤਾਣੇ ਪੇਟੇ ਵਾਂਗ) ਮਿਲਿਆ ਹੋਇਆ ਹੈ (ਇਸ ਵਾਸਤੇ ਕੋਈ ਲੇਖ ਗ਼ਲਤ ਨਹੀਂ ਲਿਖਿਆ ਜਾਂਦਾ)।
11568	261	ਉਸਤਤਿ ਕਹਨੁ ਨ ਜਾਇ ਮੁਖਹੁ ਤੁਹਾਰੀਆ॥		Ousathath Kehan N Jaae Mukhahu Thuhaareeaa ||	I cannot describe Your Praises with my mouth, O Lord.	ਹੇ ਪ੍ਰਭੂ! ਮੈਥੋਂ ਆਪਣੇ ਮੂੰਹ ਨਾਲ ਤੇਰੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ।
11569	261	ਮੋਹੀ ਦੇਖਿ ਦਰਸੁ ਨਾਨਕ ਬਲਿਹਾਰੀਆ॥੧॥		Mohee Dhaekh Dharas Naanak Balihaareeaa ||1||	Nanak is fascinated, gazing upon the Blessed Vision of Your Darshan; he is a sacrifice to You. ||1||	ਹੇ ਨਾਨਕ! (ਆਖ-) ਤੇਰਾ ਦਰਸਨ ਕਰ ਕੇ ਮੇਰੀ ਜਿੰਦ ਮਸਤ ਹੋ ਰਹੀ ਹੈ, ਸਦਕੇ ਸਦਕੇ ਹੋ ਰਹੀ ਹੈ ॥੧॥

11570	261	ਪਉੜੀ॥		Pourree ||	Pauree:	ਪਉੜੀ
11571	261	ਹੇ ਅਚੁਤ ਹੇ ਪਾਰਬ੍ਰਹਮ ਅਬਿਨਾਸੀ ਅਘਨਾਸ॥	ਅਘ:ਪੋਲਾ ਬੋਲੋ। (ਅਘ) ਪਾਪ। (ਅ-ਚੁੱਤ) ਅਚੱਲ	Hae Achuth Hae Paarabreham Abinaasee Aghanaas ||	O Immovable Lord, O Supreme Lord God, Imperishable, Destroyer of sins:	ਹੇ ਨਾਨਕ! (ਅਰਦਾਸ ਕਰ ਤੇ ਆਖ-) ਹੇ ਕਦੇ ਨ ਡੋਲਣ ਵਾਲੇ ਪਰਮਾਤਮਾ! ਹੇ ਨਾਸ-ਰਹਿਤ ਪ੍ਰਭੂ! ਹੇ ਜੀਵਾਂ ਦੇ ਪਾਪ ਨਾਸ ਕਰਨ ਵਾਲੇ!
11572	261	ਹੇ ਪੂਰਨ ਹੇ ਸਰਬ ਮੈ ਦੁਖਭੰਜਨ ਗੁਣਤਾਸ॥	(ਮੈ)ਵਿੱਚ ਪੂਰਨ,(ਮੈ)ਸਰੂਪ। ਮੈ: ਬਿੰਦੀ ਨ ਲਾਓ	Hae Pooran Hae Sarab Mai Dhukh Bhanjan Gunathaas ||	O Perfect, All-pervading Lord, Destroyer of pain, Treasure of virtue:	ਹੇ ਸਾਰੇ ਜੀਵਾਂ ਵਿਚ ਵਿਆਪਕ ਪੂਰਨ ਪ੍ਰਭੂ! ਹੇ ਜੀਵਾਂ ਦੇ ਦੁੱਖ ਦੂਰ ਕਰਨ ਵਾਲੇ! ਹੇ ਗੁਣਾਂ ਦੇ ਖ਼ਜ਼ਾਨੇ!
11573	261	ਹੇ ਸੰਗੀ ਹੇ ਨਿਰੰਕਾਰ ਹੇ ਨਿਰਗੁਣ ਸਭ ਟੇਕ॥		Hae Sangee Hae Nirankaar Hae Niragun Sabh Ttaek ||	O Companion, Formless, Absolute Lord, Support of all:	ਹੇ ਸਭ ਦੇ ਸਾਥੀ! (ਤੇ ਫਿਰ ਭੀ) ਆਕਾਰ-ਰਹਿਤ ਪ੍ਰਭੂ! ਹੇ ਮਾਇਆ ਦੇ ਪ੍ਰਭਾਵ ਤੋਂ ਵੱਖਰੇ ਰਹਿਣ ਵਾਲੇ! ਹੇ ਸਭ ਜੀਵਾਂ ਦੇ ਆਸਰੇ!
11574	261	ਹੇ ਗੋਬਿਦ ਹੇ ਗੁਣ ਨਿਧਾਨ ਜਾ ਕੈ ਸਦਾ ਬਿਬੇਕ॥	(ਬਿਬੇਕ) ਵੀਚਾਰ	Hae Gobidh Hae Gun Nidhhaan Jaa Kai Sadhaa Bibaek ||	O Lord of the Universe, Treasure of excellence, with clear eternal understanding:	ਹੇ ਸ੍ਰਿਸ਼ਟੀ ਦੀ ਸਾਰ ਲੈਣ ਵਾਲੇ! ਹੇ ਗੁਣਾਂ ਦੇ ਖ਼ਜ਼ਾਨੇ! ਜਿਸ ਦੇ ਅੰਦਰ ਪਰਖ ਕਰਨ ਦੀ ਤਾਕਤ ਸਦਾ ਕਾਇਮ ਹੈ!
11575	261	ਹੇ ਅਪਰੰਪਰ ਹਰਿ ਹਰੇ ਹਹਿ ਭੀ ਹੋਵਨਹਾਰ॥	ਅਪ-ਰੰਪਰ	Hae Aparanpar Har Harae Hehi Bhee Hovanehaar ||	Most Remote of the Remote, Lord God: You are, You were, and You shall always be.	ਹੇ ਪਰੇ ਤੋਂ ਪਰੇ ਪ੍ਰਭੂ! ਤੂੰ ਹੁਣ ਭੀ ਮੌਜੂਦ ਹੈਂ, ਤੂੰ ਸਦਾ ਲਈ ਕਾਇਮ ਰਹਿਣ ਵਾਲਾ ਹੈਂ।

11576	261	ਹੇ ਸੰਤਹ ਕੈ ਸਦਾ ਸੰਗਿ ਨਿਧਾਰਾ ਆਧਾਰ॥	(ਨਿਧਾਰਾ) ਨਿਆਸਰਿਆਂ ਦੇ (ਆਧਾਰ) ਆਸਰੇ	Hae Santheh Kai Sadhaa Sang Nidhhaaraa Aadhhaar ||	O Constant Companion of the Saints, You are the Support of the unsupported.	ਹੇ ਸੰਤਾਂ ਦੇ ਸਦਾ ਸਹਾਈ! ਹੇ ਨਿਆਸਰਿਆਂ ਦੇ ਆਸਰੇ!
11577	261	ਹੇ ਠਾਕੁਰ ਹਉ ਦਾਸਰੋ ਮੈ ਨਿਰਗੁਨ ਗੁਨੁ ਨਹੀ ਕੋਇ॥		Hae Thaakur Ho Dhaasaro Mai Niragun Gun Nehee Koe ||	O my Lord and Master, I am Your slave. I am worthless, I have no worth at all.	ਹੇ ਸ੍ਰਿਸ਼ਟੀ ਦੇ ਪਾਲਕ! ਮੈਂ ਤੇਰਾ ਨਿੱਕਾ ਜਿਹਾ ਦਾਸ ਹਾਂ, ਮੈਂ ਗੁਣ-ਹੀਨ ਹਾਂ, ਮੇਰੇ ਵਿਚ ਕੋਈ ਗੁਣ ਨਹੀਂ ਹੈ।
11578	262	ਨਾਨਕ ਦੀਜੈ ਨਾਮ ਦਾਨੁ ਰਾਖਉ ਹੀਐ ਪਰੋਇ॥੫੫॥		Naanak Dheejai Naam Dhaan Raakho Heeai Paroe ||55||	Nanak: grant me the Gift of Your Name, Lord, that I may string it and keep it within my heart. ||55||	ਮੈਨੂੰ ਆਪਣੇ ਨਾਮ ਦਾ ਦਾਨ ਬਖ਼ਸ਼, (ਇਹ ਦਾਨ) ਮੈਂ ਆਪਣੇ ਹਿਰਦੇ ਵਿਚ ਪ੍ਰੋ ਕੇ ਰੱਖਾਂ ॥੫੫॥
11579	262	ਸਲੋਕੁ॥		Salok ||	Shalok:	
11580	262	ਗੁਰਦੇਵ ਮਾਤਾ ਗੁਰਦੇਵ ਪਿਤਾ ਗੁਰਦੇਵ ਸੁਆਮੀ ਪਰਮੇਸੁਰਾ॥		Guradhaev Maathaa Guradhaev Pithaa Guradhaev Suaamee Paramaesuraa ||	The Divine Guru is our mother, the Divine Guru is our father; the Divine Guru is our Lord and Master, the Transcendent Lord.	ਗੁਰੂ ਹੀ ਮਾਂ ਹੈ, ਗੁਰੂ ਹੀ ਪਿਉ ਹੈ (ਗੁਰੂ ਹੀ ਆਤਮਕ ਜਨਮ ਦੇਣ ਵਾਲਾ ਹੈ), ਗੁਰੂ ਮਾਲਕ-ਪ੍ਰਭੂ ਦਾ ਰੂਪ ਹੈ।

11581	262	ਗੁਰਦੇਵ ਸਖਾ ਅਗਿਆਨ ਭੰਜਨੁ ਗੁਰਦੇਵ ਬੰਧਿਪ ਸਹੋਦਰਾ॥	(ਬੰਧਿਪ) ਸਬੰਧੀ। (ਸਹੋਦਰਾ) ਸਕਾ ਭਰਾ	Guradhaev Sakhaa Agiaan Bhanjan Guradhaev Bandhhip Sehodharaa ||	The Divine Guru is my companion, the Destroyer of ignorance; the Divine Guru is my relative and brother.	ਗੁਰੂ (ਮਾਇਆ ਦੇ ਮੋਹ ਦਾ) ਹਨੇਰਾ ਨਾਸ ਕਰਨ ਵਾਲਾ ਮਿੱਤਰ ਹੈ, ਗੁਰੂ ਹੀ (ਤੋੜ ਨਿਭਣ ਵਾਲਾ) ਸੰਬੰਧੀ ਤੇ ਭਰਾ ਹੈ।
11582	262	ਗੁਰਦੇਵ ਦਾਤਾ ਹਰਿ ਨਾਮੁ ਉਪਦੇਸੈ ਗੁਰਦੇਵ ਮੰਤੁ ਨਿਰੋਧਰਾ॥	(ਨਿਰੋਧਰਾ) ਵਿਸ਼ੇਸ਼ ਕਰਕੇ ਉਧਾਰ ਕਰਨ ਵਾਲੇ	Guradhaev Dhaathaa Har Naam Oupadhaesai Guradhaev Manth Nirodhharaa ||	The Divine Guru is the Giver, the Teacher of the Lord's Name. The Divine Guru is the Mantra which never fails.	ਗੁਰੂ (ਅਸਲੀ) ਦਾਤਾ ਹੈ ਜੋ ਪ੍ਰਭੂ ਦਾ ਨਾਮ ਉਪਦੇਸ਼ਦਾ ਹੈ, ਗੁਰੂ ਦਾ ਉਪਦੇਸ਼ ਐਸਾ ਹੈ ਜਿਸ ਦਾ ਅਸਰ (ਕੋਈ ਵਿਕਾਰ ਆਦਿਕ) ਗਵਾ ਨਹੀਂ ਸਕਦਾ।
11583	262	ਗੁਰਦੇਵ ਸਾਂਤਿ ਸਤਿ ਬੁਧਿ ਮੂਰਤਿ ਗੁਰਦੇਵ ਪਾਰਸ ਪਰਸ ਪਰਾ॥	(ਪਰਸ) ਸਪਰਸ਼। (ਪਰਾ) ਪਰੇ	Guradhaev Saanth Sath Budhh Moorath Guradhaev Paaras Paras Paraa ||	The Divine Guru is the image of peace, truth and wisdom. The Divine Guru is the Philosopher's Stone - touching it, one is transformed.	ਗੁਰੂ ਸ਼ਾਂਤੀ ਸੱਚ ਅਤੇ ਅਕਲ ਦਾ ਸਰੂਪ ਹੈ, ਗੁਰੂ ਇਕ ਐਸਾ ਪਾਰਸ ਹੈ ਜਿਸ ਦੀ ਛੋਹ ਪਾਰਸ ਦੀ ਛੋਹ ਨਾਲੋਂ ਸ੍ਰੇਸ਼ਟ ਹੈ।
11584	262	ਗੁਰਦੇਵ ਤੀਰਥੁ ਅੰਮ੍ਰਿਤ ਸਰੋਵਰੁ ਗੁਰ ਗਿਆਨ ਮਜਨੁ ਅਪਰੰਪਰਾ॥	ਮੱਜਨੁ। ਅਪ-ਰੰਪਰਾ	Guradhaev Theerathh Anmrith Sarovar Gur Giaan Majan Aparanparaa ||	The Divine Guru is the sacred shrine of pilgrimage, and the pool of divine nectar; bathing in the Guru's wisdom, one experiences the Infinite.	ਗੁਰੂ (ਸੱਚਾ) ਤੀਰਥ ਹੈ, ਅੰਮ੍ਰਿਤ ਦਾ ਸਰੋਵਰ ਹੈ, ਗੁਰੂ ਦੇ ਗਿਆਨ (-ਜਲ) ਦਾ ਇਸ਼ਨਾਨ (ਹੋਰ ਸਾਰੇ ਤੀਰਥਾਂ ਦੇ ਇਸ਼ਨਾਨ ਨਾਲੋਂ) ਬਹੁਤ ਹੀ ਸ੍ਰੇਸ਼ਟ ਹੈ।

11585	262	ਗੁਰਦੇਵ ਕਰਤਾ ਸਭਿ ਪਾਪ ਹਰਤਾ ਗੁਰਦੇਵ ਪਤਿਤ ਪਵਿਤ ਕਰਾ॥		Guradhaev Karathaa Sabh Paap Harathaa Guradhaev Pathith Pavith Karaa ||	The Divine Guru is the Creator, and the Destroyer of all sins; the Divine Guru is the Purifier of sinners.	ਗੁਰੂ ਕਰਤਾਰ ਦਾ ਰੂਪ ਹੈ, ਸਾਰੇ ਪਾਪਾਂ ਨੂੰ ਦੂਰ ਕਰਨ ਵਾਲਾ ਹੈ, ਗੁਰੂ ਵਿਕਾਰੀ ਬੰਦਿਆਂ (ਦੇ ਹਿਰਦੇ) ਨੂੰ ਪਵਿੱਤਰ ਕਰਨ ਵਾਲਾ ਹੈ।
11586	262	ਗੁਰਦੇਵ ਆਦਿ ਜੁਗਾਦਿ ਜੁਗੁ ਜੁਗੁ ਗੁਰਦੇਵ ਮੰਤੁ ਹਰਿ ਜਪਿ ਉਧਰਾ॥	ਉਧ-ਰਾ	Guradhaev Aadh Jugaadh Jug Jug Guradhaev Manth Har Jap Oudhharaa ||	The Divine Guru existed in the very beginning, throughout the ages, in each and every age. The Divine Guru is the Mantra of the Lord's Name; chanting it, one is saved.	ਜਦੋਂ ਤੋਂ ਜਗਤ ਬਣਿਆ ਹੈ ਗੁਰੂ ਸ਼ੁਰੂ ਤੋਂ ਹੀ ਹਰੇਕ ਜੁਗ ਵਿਚ (ਪਰਮਾਤਮਾ ਦੇ ਨਾਮ ਦਾ ਉਪਦੇਸ਼-ਦਾਤਾ) ਹੈ। ਗੁਰੂ ਦਾ ਦਿੱਤਾ ਹੋਇਆ ਹਰਿ-ਨਾਮ ਮੰਤ੍ਰ ਜਪ ਕੇ (ਸੰਸਾਰ-ਸਮੁੰਦਰ ਦੇ ਵਿਕਾਰਾਂ ਦੀਆਂ ਲਹਿਰਾਂ ਤੋਂ) ਪਾਰ ਲੰਘ ਜਾਈਦਾ ਹੈ।
11587	262	ਗੁਰਦੇਵ ਸੰਗਤਿ ਪ੍ਰਭ ਮੇਲਿ ਕਰਿ ਕਿਰਪਾ ਹਮ ਮੂੜ ਪਾਪੀ ਜਿਤੁ ਲਗਿ ਤਰਾ॥	ਮੂੜ੍। ਲੱਗਿ	Guradhaev Sangath Prabh Mael Kar Kirapaa Ham Moorr Paapee Jith Lag Tharaa ||	O God, please be merciful to me, that I may be with the Divine Guru; I am a foolish sinner, but holding onto Him, I will be carried across.	ਹੇ ਪ੍ਰਭੂ! ਮਿਹਰ ਕਰ, ਸਾਨੂੰ ਗੁਰੂ ਦੀ ਸੰਗਤਿ ਦੇਹ, ਤਾ ਕਿ ਅਸੀਂ ਮੂਰਖ ਪਾਪੀ ਉਸ ਦੀ ਸੰਗਤਿ ਵਿਚ (ਰਹਿ ਕੇ) ਤਰ ਜਾਈਏ।

11588	262	ਗੁਰਦੇਵ ਸਤਿਗੁਰੁ ਪਾਰਬ੍ਰਹਮੁ ਪਰਮੇਸਰੁ ਗੁਰਦੇਵ ਨਾਨਕ ਹਰਿ ਨਮਸਕਰਾ॥੧॥		Guradhaev Sathigur Paarabreham Paramaesar Guradhaev Naanak Har Namasakaraa ||1||	The Divine Guru is the True Guru, the Supreme Lord God, the Transcendent Lord; Nanak bows in humble reverence to the Lord, the Divine Guru. ||1||	ਗੁਰੂ ਪਰਮੇਸਰ ਪਾਰਬ੍ਰਹਮ ਦਾ ਰੂਪ ਹੈ। ਹੇ ਨਾਨਕ! ਹਰੀ ਦੇ ਰੂਪ ਗੁਰੂ ਨੂੰ (ਸਦਾ) ਨਮਸਕਾਰ ਕਰਨੀ ਚਾਹੀਦੀ ਹੈ ॥੧॥
11589	262	ਏਹੁ ਸਲੋਕੁ ਆਦਿ ਅੰਤਿ ਪੜਣਾ॥		Eaehu Salok Aadh Anth Parranaa ||	Read this Shalok at the beginning, and at the end. ||	ਇਹ ਸਲੋਕ ਇਸ 'ਬਾਵਨ ਅਖਰੀ' ਦੇ ਸ਼ੁਰੂ ਵਿਚ ਭੀ ਪੜ੍ਹਨਾ ਹੈ, ਤੇ ਅਖ਼ੀਰ ਵਿਚ ਭੀ ਪੜ੍ਹਨਾ ਹੈ।
11590	262	ਗਉੜੀ ਸੁਖਮਨੀ ਮਃ੫॥		Gourree Sukhamanee Ma 5 ||	Gauree Sukhmani, Fifth Mehl,	ਇਸ ਬਾਣੀ ਦਾ ਨਾਮ ਹੈ 'ਸੁਖਮਨੀ' ਅਤੇ ਇਹ ਗਉੜੀ ਰਾਗ ਵਿਚ ਦਰਜ ਹੈ। ਇਸ ਦੇ ਉਚਾਰਨ ਵਾਲੇ ਗੁਰੂ ਅਰਜਨੁ ਸਾਹਿਬ ਜੀ ਹਨ।
11591	262	ਸਲੋਕੁ॥		Salok ||	Shalok:	ਸਲੋਕ।
11592	262	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
11593	262	ਆਦਿ ਗੁਰ ਏ ਨਮਹ॥	ਏ: ਨੂੰ। ਨਮ-ਹ: ਪੋਲਾ ਬੋਲੋ, ਤਿੰਨੇ ਮੁਕਤੇ ਬੋਲੋ, ਨਮਹੈ ਨਹੀ ਉਚਾਰਨਾ	Aadh Gureae Nameh ||	I bow to the Primal Guru.	(ਮੇਰੀ) ਉਸ ਸਭ ਤੋਂ ਵੱਡੇ (ਅਕਾਲ ਪੁਰਖ) ਨੂੰ ਨਮਸਕਾਰ ਹੈ ਜੋ (ਸਭ ਦਾ) ਮੁੱਢ ਹੈ,
11594	262	ਜੁਗਾਦਿ ਗੁਰ ਏ ਨਮਹ॥	ਜੁੱਗਾਦਿ	Jugaadh Gureae Nameh ||	I bow to the Guru of the ages.	ਅਤੇ ਜੋ ਜੁਗਾਂ ਦੇ ਮੁੱਢ ਤੋਂ ਹੈ।

11595	262	ਸਤਿਗੁਰ ਏ ਨਮਹ॥		Sathigureae Nameh ||	I bow to the True Guru.	ਸਤਿਗੁਰੂ ਨੂੰ (ਮੇਰੀ) ਨਮਸਕਾਰ ਹੈ,
11596	262	ਸ੍ਰੀ ਗੁਰਦੇਵ ਏ ਨਮਹ॥੧॥		Sree Guradhaeveae Nameh ||1||	I bow to the Great, Divine Guru. ||1||	ਸ੍ਰੀ ਗੁਰਦੇਵ ਜੀ ਨੂੰ (ਮੇਰੀ) ਨਮਸਕਾਰ ਹੈ ॥੧॥
11597	262	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	
11598	262	ਸਿਮਰਉ ਸਿਮਰਿ ਸਿਮਰਿ ਸੁਖੁ ਪਾਵਉ॥		Simaro Simar Simar Sukh Paavo ||	Meditate, meditate, meditate in remembrance of Him, and find peace.	ਮੈਂ (ਅਕਾਲ ਪੁਰਖ ਦਾ ਨਾਮ) ਸਿਮਰਾਂ ਤੇ ਸਿਮਰ ਸਿਮਰ ਕੇ ਸੁਖ ਹਾਸਲ ਕਰਾਂ;
11599	262	ਕਲਿ ਕਲੇਸ ਤਨ ਮਾਹਿ ਮਿਟਾਵਉ॥		Kal Kalaes Than Maahi Mittaavo ||	Worry and anguish shall be dispelled from your body.	(ਇਸ ਤਰ੍ਹਾਂ) ਸਰੀਰ ਵਿਚ (ਜੋ) ਦੁੱਖ ਬਿਖਾਂਧ (ਹਨ ਉਹਨਾਂ ਨੂੰ) ਮਿਟਾ ਲਵਾਂ।
11600	262	ਸਿਮਰਉ ਜਾਸੁ ਬਿਸੁੰਭਰ ਏਕੈ॥	ਅਨੰਤ ਬ੍ਰਹਮੰਡ ਦੇ ਜੀਆਂ ਨੂੰ ਪੈਦਾ ਪਾਲਣ ਸੰਭਾਲਣ ਵਾਲੇ। (ਬਿਸੁੰ-ਭਰ) ਵਾਹਿਗੁਰੂ ਜੀ	Simaro Jaas Bisunbhar Eaekai ||	Remember in praise the One who pervades the whole Universe.	ਜਿਸ ਇਕ ਜਗਤ ਪਾਲਕ (ਹਰੀ) ਦਾ ਨਾਮ-
11601	262	ਨਾਮੁ ਜਪਤ ਅਗਨਤ ਅਨੇਕੈ॥	ਅ-ਗਨਤ	Naam Japath Aganath Anaekai ||	His Name is chanted by countless people, in so many ways.	ਅਨੇਕਾਂ ਤੇ ਅਣਗਿਣਤ (ਜੀਵ) ਜਪਦੇ ਹਨ, ਮੈਂ (ਭੀ ਉਸ ਨੂੰ) ਸਿਮਰਾਂ।

11602	262	ਬੇਦ ਪੁਰਾਨ ਸਿੰਮ੍ਰਿਤਿ ਸੁਧਾਖ੍ਯਰ॥	ਸੁਧਾਖ੍ਯਰ: ਸ਼ੁਧ ਪਵਿੱਤ੍ਰ ਅੱਖਰਾਂ ਵਾਲੇ ਧਾਰਮਿਕ ਗ੍ਰੰਥ। ਸਿੰਮ੍ਰਿਤਿ: ਮੰਮਾ ਮੁਕਤਾ, ਅੱਧਾ ਰਾਰਾ, ਪੋਲਾ ਬੋਲ ਕੇ, ਇੱਕ ਸਿਹਾਰੀ ਅੱਧੇ ਰਾਰੇ, ਇੱਕ ਸਿਹਾਰੀ ਤੱਤੇ ਲਾਉ। ਸੁਧਾ-ਖਿਅਰ	Baedh Puraan Sinmrith Sudhhaakhyar ||	The Vedas, the Puraanas and the Simritees, the purest of utterances,	ਵੇਦਾਂ ਪੁਰਾਨਾਂ ਤੇ ਸਿਮ੍ਰਿਤੀਆਂ ਨੇ-
11603	262	ਕੀਨੇ ਰਾਮ ਨਾਮ ਇਕ ਆਖ੍ਯਰ॥	ਆਖ੍ਯਰ ਆ+ਖ੍ਯਰ ਖ੍ਯਰ ਖਰਨ ਤੋਂ ਆ ਰਹਿਤ, ਬ੍ਰਹਮ ਜੀ। ਕੀੱਨੇ, ਆਖਿਅਰ	Keenae Raam Naam Eik Aakhyar ||	Were created from the One Word of the Name of the Lord.	ਇਕ ਅਕਾਲ ਪੁਰਖ ਦੇ ਨਾਮ ਨੂੰ ਹੀ ਸਭ ਤੋਂ ਪਵਿੱਤ੍ਰ ਨਾਮ ਮੰਨਿਆ ਹੈ।
11604	262	ਕਿਨਕਾ ਏਕ ਜਿਸੁ ਜੀਅ ਬਸਾਵੈ॥		Kinakaa Eaek Jis Jeea Basaavai ||	That one, in whose soul the One Lord dwells	ਜਿਸ (ਮਨੁੱਖ) ਦੇ ਜੀ ਵਿਚ (ਅਕਾਲ ਪੁਰਖ ਅਪਨਾ ਨਾਮ) ਥੋੜਾ ਜਿਹਾ ਭੀ ਵਸਾਉਂਦਾ ਹੈ,
11605	262	ਤਾ ਕੀ ਮਹਿਮਾ ਗਨੀ ਨ ਆਵੈ॥		Thaa Kee Mehimaa Ganee N Aavai ||	The praises of his glory cannot be recounted.	ਉਸ ਦੀ ਵਡਿਆਈ ਬਿਆਨ ਨਹੀਂ ਹੋ ਸਕਦੀ।
11606	262	ਕਾਂਖੀ ਏਕੈ ਦਰਸ ਤੁਹਾਰੋ॥		Kaankhee Eaekai Dharas Thuhaaro ||	Those who yearn only for the blessing of Your Darshan	(ਹੇ ਅਕਾਲ ਪੁਰਖ!) ਜੋ ਮਨੁੱਖ ਤੇਰੇ ਦੀਦਾਰ ਦੇ ਚਾਹਵਾਨ ਹਨ,
11607	262	ਨਾਨਕ ਉਨ ਸੰਗਿ ਮੋਹਿ ਉਧਾਰੋ॥੧॥		Naanak Oun Sang Mohi Oudhhaaro ||1||	- Nanak: save me along with them! ||1||	ਉਹਨਾਂ ਦੀ ਸੰਗਤਿ ਵਿਚ (ਰੱਖ ਕੇ) ਮੈਨੂੰ ਨਾਨਕ ਨੂੰ (ਸੰਸਾਰ ਸਾਗਰ ਤੋਂ) ਬਚਾ ਲਵੋ ॥੧॥

11608	262	ਸੁਖਮਨੀ ਸੁਖ ਅੰਮ੍ਰਿਤ ਪ੍ਰਭ ਨਾਮੁ॥		Sukhamanee Sukh Anmrith Prabh Naam ||	Sukhmani: Peace of Mind, the Nectar of the Name of God.	ਪ੍ਰਭੂ ਦਾ ਅਮਰ ਕਰਨ ਵਾਲਾ ਤੇ ਸੁਖਦਾਈ ਨਾਮ (ਸਭ) ਸੁਖਾਂ ਦੀ ਮਣੀ ਹੈ,
11609	262	ਭਗਤ ਜਨਾ ਕੈ ਮਨਿ ਬਿਸ੍ਰਾਮ॥ਰਹਾਉ॥		Bhagath Janaa Kai Man Bisraam || Rehaao ||	The minds of the devotees abide in a joyful peace. ||Pause||	ਇਸ ਦਾ ਟਿਕਾਣਾ ਭਗਤਾਂ ਦੇ ਹਿਰਦੇ ਵਿਚ ਹੈ।ਰਹਾਉ।
11610	262	ਪ੍ਰਭ ਕੈ ਸਿਮਰਨਿ ਗਰਭਿ ਨ ਬਸੈ॥		Prabh Kai Simaran Garabh N Basai ||	Remembering God, one does not have to enter into the womb again.	ਪ੍ਰਭੂ ਦਾ ਸਿਮਰਨ ਕਰਨ ਨਾਲ (ਜੀਵ) ਜਨਮ ਵਿਚ ਨਹੀਂ ਆਉਂਦਾ,
11611	262	ਪ੍ਰਭ ਕੈ ਸਿਮਰਨਿ ਦੂਖੁ ਜਮੁ ਨਸੈ॥	ਨੱਸੈ	Prabh Kai Simaran Dhookh Jam Nasai ||	Remembering God, the pain of death is dispelled.	(ਜੀਵ ਦਾ) ਦੁਖ ਤੇ ਜਮ (ਦਾ ਡਰ) ਦੂਰ ਹੋ ਜਾਂਦਾ ਹੈ।
11612	262	ਪ੍ਰਭ ਕੈ ਸਿਮਰਨਿ ਕਾਲੁ ਪਰਹਰੈ॥		Prabh Kai Simaran Kaal Pareharai ||	Remembering God, death is eliminated.	ਮੌਤ (ਦਾ ਭਉ) ਪਰੇ ਹਟ ਜਾਂਦਾ ਹੈ,
11613	262	ਪ੍ਰਭ ਕੈ ਸਿਮਰਨਿ ਦੁਸਮਨੁ ਟਰੈ॥		Prabh Kai Simaran Dhusaman Ttarai ||	Remembering God, one's enemies are repelled.	(ਵਿਕਾਰ ਰੂਪੀ) ਦੁਸ਼ਮਨ ਟਲ ਜਾਂਦਾ ਹੈ।
11614	262	ਪ੍ਰਭ ਸਿਮਰਤ ਕਛੁ ਬਿਘਨੁ ਨ ਲਾਗੈ॥		Prabh Simarath Kashh Bighan N Laagai ||	Remembering God, no obstacles are met.	ਪ੍ਰਭੂ ਨੂੰ ਸਿਮਰਿਆਂ (ਜ਼ਿੰਦਗੀ ਦੇ ਰਾਹ ਵਿਚ) ਕੋਈ ਰੁਕਾਵਟ ਨਹੀਂ ਪੈਂਦੀ,

11615	262	ਪ੍ਰਭ ਕੈ ਸਿਮਰਨਿ ਅਨ ਦਿਨੁ ਜਾਗੈ॥		Prabh Kai Simaran Anadhin Jaagai ||	Remembering God, one remains awake and aware, night and day.	(ਕਿਉਂਕਿ) ਪ੍ਰਭੂ ਦਾ ਸਿਮਰਨ ਕਰਨ ਨਾਲ (ਮਨੁੱਖ) ਹਰ ਵੇਲੇ (ਵਿਕਾਰਾਂ ਵਲੋਂ) ਸੁਚੇਤ ਰਹਿੰਦਾ ਹੈ।
11616	262	ਪ੍ਰਭ ਕੈ ਸਿਮਰਨਿ ਭਉ ਨ ਬਿਆਪੈ॥		Prabh Kai Simaran Bho N Biaapai ||	Remembering God, one is not touched by fear.	ਪ੍ਰਭੂ ਦਾ ਸਿਮਰਨ ਕਰਨ ਨਾਲ (ਕੋਈ) ਡਰ (ਜੀਵ ਉਤੇ) ਦਬਾਉ ਨਹੀਂ ਪਾ ਸਕਦਾ,
11617	262	ਪ੍ਰਭ ਕੈ ਸਿਮਰਨਿ ਦੁਖੁ ਨ ਸੰਤਾਪੈ॥		Prabh Kai Simaran Dhukh N Santhaapai ||	Remembering God, one does not suffer sorrow.	ਤੇ (ਕੋਈ) ਦੁੱਖ ਵਿਆਕੁਲ ਨਹੀਂ ਕਰ ਸਕਦਾ।
11618	262	ਪ੍ਰਭ ਕਾ ਸਿਮਰਨੁ ਸਾਧ ਕੈ ਸੰਗਿ॥		Prabh Kaa Simaran Saadhh Kai Sang ||	The meditative remembrance of God is in the Company of the Holy.	ਅਕਾਲ ਪੁਰਖ ਦਾ ਸਿਮਰਨ ਗੁਰਮਖਿ ਦੀ ਸੰਗਤਿ ਵਿਚ (ਮਿਲਦਾ ਹੈ);
11619	262	ਸਰਬ ਨਿਧਾਨ ਨਾਨਕ ਹਰਿ ਰੰਗਿ॥੨॥		Sarab Nidhhaan Naanak Har Rang ||2||	All treasures, O Nanak, are in the Love of the Lord. ||2||	(ਅਤੇ ਜੋ ਮਨੁੱਖ ਸਿਮਰਨ ਕਰਦਾ ਹੈ, ਉਸ ਨੂੰ) ਹੇ ਨਾਨਕ! ਅਕਾਲ ਪੁਰਖ ਦੇ ਪਿਆਰ ਵਿਚ (ਹੀ) (ਦੁਨੀਆ ਦੇ) ਸਾਰੇ ਖ਼ਜ਼ਾਨੇ (ਪ੍ਰਤੀਤ ਹੁੰਦੇ ਹਨ) ॥੨॥
11620	262	ਪ੍ਰਭ ਕੈ ਸਿਮਰਨਿ ਰਿਧਿ ਸਿਧਿ ਨਉ ਨਿਧਿ॥		Prabh Kai Simaran Ridhh Sidhh No Nidhh ||	In the remembrance of God are wealth, miraculous spiritual powers and the nine treasures.	ਪ੍ਰਭੂ ਦੇ ਸਿਮਰਨ ਵਿਚ (ਹੀ) ਸਾਰੀਆਂ ਰਿੱਧੀਆਂ ਸਿੱਧੀਆਂ ਤੇ ਨੌ ਖ਼ਜ਼ਾਨੇ ਹਨ,

11621	262	ਪ੍ਰਭ ਕੈ ਸਿਮਰਨਿ ਗਿਆਨੁ ਧਿਆਨੁ ਤਤੁ ਬੁਧਿ॥		Prabh Kai Simaran Giaan Dhhiaan Thath Budhh ||	In the remembrance of God are knowledge, meditation and the essence of wisdom.	ਪ੍ਰਭ-ਸਿਮਰਨ ਵਿਚ ਹੀ ਗਿਆਨ, ਸੁਰਤ ਦਾ ਟਿਕਾਉ ਤੇ ਜਗਤ ਦੇ ਮੂਲ (ਹਰੀ) ਦੀ ਸਮਝ ਵਾਲੀ ਬੁੱਧੀ ਹੈ।
11622	262	ਪ੍ਰਭ ਕੈ ਸਿਮਰਨਿ ਜਪ ਤਪ ਪੂਜਾ॥		Prabh Kai Simaran Jap Thap Poojaa ||	In the remembrance of God are chanting, intense meditation and devotional worship.	ਪ੍ਰਭੂ ਦੇ ਸਿਮਰਨ ਵਿਚ ਹੀ (ਸਾਰੇ) ਜਾਪ ਤਾਪ ਤੇ (ਦੇਵ-) ਪੂਜਾ ਹਨ,
11623	262	ਪ੍ਰਭ ਕੈ ਸਿਮਰਨਿ ਬਿਨਸੈ ਦੂਜਾ॥		Prabh Kai Simaran Binasai Dhoojaa ||	In the remembrance of God, duality is removed.	(ਕਿਉਂਕਿ) ਸਿਮਰਨ ਕਰਨ ਨਾਲ ਪ੍ਰਭੂ ਤੋਂ ਬਿਨਾ ਕਿਸੇ ਹੋਰ ਉਸ ਵਰਗੀ ਹਸਤੀ ਦੀ ਹੋਂਦ ਦਾ ਖ਼ਿਆਲ ਹੀ ਦੂਰ ਹੋ ਜਾਂਦਾ ਹੈ।
11624	262	ਪ੍ਰਭ ਕੈ ਸਿਮਰਨਿ ਤੀਰਥ ਇਸਨਾਨੀ॥		Prabh Kai Simaran Theerathh Eisanaanee ||	In the remembrance of God are purifying baths at sacred shrines of pilgrimage.	ਸਿਮਰਨ ਕਰਨ ਵਾਲਾ (ਆਤਮ-) ਤੀਰਥ ਦਾ ਇਸ਼ਨਾਨ ਕਰਨ ਵਾਲਾ ਹੋ ਜਾਈਦਾ ਹੈ, ਤੇ,
11625	262	ਪ੍ਰਭ ਕੈ ਸਿਮਰਨਿ ਦਰਗਹ ਮਾਨੀ॥		Prabh Kai Simaran Dharageh Maanee ||	In the remembrance of God, one attains honor in the Court of the Lord.	ਦਰਗਾਹ ਵਿਚ ਇੱਜ਼ਤ ਮਿਲਦੀ ਹੈ;
11626	262	ਪ੍ਰਭ ਕੈ ਸਿਮਰਨਿ ਹੋਇ ਸੁ ਭਲਾ॥		Prabh Kai Simaran Hoe S Bhalaa ||	In the remembrance of God, one becomes good.	ਜਗਤ ਵਿਚ ਜੋ ਹੋ ਰਿਹਾ ਹੈ ਭਲਾ ਪ੍ਰਤੀਤ ਹੁੰਦਾ ਹੈ,
11627	262	ਪ੍ਰਭ ਕੈ ਸਿਮਰਨਿ ਸੁਫਲ ਫਲਾ॥		Prabh Kai Simaran Sufal Falaa ||	In the remembrance of God, one flowers in fruition.	ਤੇ ਮਨੁੱਖ-ਜਨਮ ਦਾ ਉੱਚਾ ਮਨੋਰਥ ਸਿੱਧ ਹੋ ਜਾਂਦਾ ਹੈ।

11628	262	ਸੇ ਸਿਮਰਹਿ ਜਿਨ ਆਪਿ ਸਿਮਰਾਏ॥		Sae Simarehi Jin Aap Simaraaeae ||	They alone remember Him in meditation, whom He inspires to meditate.	(ਨਾਮ) ਉਹੀ ਸਿਮਰਦੇ ਹਨ, ਜਿਨ੍ਹਾਂ ਨੂੰ ਪ੍ਰਭੂ ਆਪਿ ਪ੍ਰੇਰਦਾ ਹੈ,
11629	263	ਨਾਨਕ ਤਾ ਕੈ ਲਾਗਉ ਪਾਏ॥੩॥		Naanak Thaa Kai Laago Paaeae ||3||	Nanak grasps the feet of those humble beings. ||3||	(ਤਾਂ ਤੇ, ਆਖ) ਹੇ ਨਾਨਕ! ਮੈਂ ਉਹਨਾਂ (ਸਿਮਰਨ ਕਰਨ ਵਾਲਿਆਂ) ਦੀ ਪੈਰੀਂ ਲੱਗਾਂ ॥੩॥
11630	263	ਪ੍ਰਭ ਕਾ ਸਿਮਰਨੁ ਸਭ ਤੇ ਊਚਾ॥		Prabh Kaa Simaran Sabh Thae Oochaa ||	The remembrance of God is the highest and most exalted of all.	ਪ੍ਰਭੂ ਦਾ ਸਿਮਰਨ ਕਰਨਾ (ਹੋਰ) ਸਾਰੇ (ਆਹਰਾਂ) ਨਾਲੋਂ ਚੰਗਾ ਹੈ;
11631	263	ਪ੍ਰਭ ਕੈ ਸਿਮਰਨਿ ਉਧਰੇ ਮੂਚਾ॥	ਮੂੱਚਾ	Prabh Kai Simaran Oudhharae Moochaa ||	In the remembrance of God, many are saved.	ਪ੍ਰਭੂ ਦਾ ਸਿਮਰਨ ਕਰਨ ਨਾਲ ਬਹੁਤ ਸਾਰੇ (ਜੀਵ) (ਵਿਕਾਰਾਂ ਤੋਂ) ਬਚ ਜਾਂਦੇ ਹਨ।
11632	263	ਪ੍ਰਭ ਕੈ ਸਿਮਰਨਿ ਤ੍ਰਿਸਨਾ ਬੁਝੈ॥	ਬੁਝੈ: ਪੋਲਾ ਬੋਲੋ	Prabh Kai Simaran Thrisanaa Bujhai ||	In the remembrance of God, thirst is quenched.	ਪ੍ਰਭੂ ਦਾ ਸਿਮਰਨ ਕਰਨ ਨਾਲ (ਮਾਇਆ ਦੀ) ਤ੍ਰਿਹ ਮਿਟ ਜਾਂਦੀ ਹੈ,
11633	263	ਪ੍ਰਭ ਕੈ ਸਿਮਰਨਿ ਸਭੁ ਕਿਛੁ ਸੁਝੈ॥	ਸੁੱਝੈ	Prabh Kai Simaran Sabh Kishh Sujhai ||	In the remembrance of God, all things are known.	(ਕਿਉਂਕਿ ਮਾਇਆ ਦੇ) ਹਰੇਕ (ਕੇਲ) ਦੀ ਸਮਝ ਪੈ ਜਾਂਦੀ ਹੈ।
11634	263	ਪ੍ਰਭ ਕੈ ਸਿਮਰਨਿ ਨਾਹੀ ਜਮ ਤ੍ਰਾਸਾ॥		Prabh Kai Simaran Naahee Jam Thraasaa ||	In the remembrance of God, there is no fear of death.	ਪ੍ਰਭੂ ਦਾ ਸਿਮਰਨ ਕਰਨ ਨਾਲ ਜਮਾਂ ਦਾ ਡਰ ਮੁੱਕ ਜਾਂਦਾ ਹੈ,

11635	263	ਪ੍ਰਭ ਕੈ ਸਿਮਰਨਿ ਪੂਰਨ ਆਸਾ॥		Prabh Kai Simaran Pooran Aasaa ||	In the remembrance of God, hopes are fulfilled.	ਤੇ (ਜੀਵ ਦੀ) ਆਸ ਪੂਰਨ ਹੋ ਜਾਂਦੀ ਹੈ (ਭਾਵ, ਆਸਾਂ ਵੱਲੋਂ ਮਨ ਰੱਜ ਜਾਂਦਾ ਹੈ)।
11636	263	ਪ੍ਰਭ ਕੈ ਸਿਮਰਨਿ ਮਨ ਕੀ ਮਲੁ ਜਾਇ॥		Prabh Kai Simaran Man Kee Mal Jaae ||	In the remembrance of God, the filth of the mind is removed.	ਪ੍ਰਭੂ ਦਾ ਸਿਮਰਨ ਕੀਤਿਆਂ ਮਨ ਦੀ (ਵਿਕਾਰਾਂ ਦੀ) ਮੈਲ ਦੂਰ ਹੋ ਜਾਂਦੀ ਹੈ,
11637	263	ਅੰਮ੍ਰਿਤ ਨਾਮੁ ਰਿਦ ਮਾਹਿ ਸਮਾਇ॥		Anmrith Naam Ridh Maahi Samaae ||	The Ambrosial Naam, the Name of the Lord, is absorbed into the heart.	ਅਤੇ ਮਨੁੱਖ ਦੇ ਹਿਰਦੇ ਵਿਚ (ਪ੍ਰਭੂ ਦਾ) ਅਮਰ ਕਰਨ ਵਾਲਾ ਨਾਮ ਟਿਕ ਜਾਂਦਾ ਹੈ।
11638	263	ਪ੍ਰਭ ਜੀ ਬਸਹਿ ਸਾਧ ਕੀ ਰਸਨਾ॥		Prabh Jee Basehi Saadhh Kee Rasanaa ||	God abides upon the tongues of His Saints.	ਪ੍ਰਭੂ ਜੀ ਗੁਰਮੁਖ ਮਨੁੱਖਾਂ ਦੀ ਜੀਭ ਉਤੇ ਵੱਸਦੇ ਹਨ (ਭਾਵ, ਸਾਧ ਜਨ ਸਦਾ ਪ੍ਰਭੂ ਨੂੰ ਜਪਦੇ ਹਨ)।
11639	263	ਨਾਨਕ ਜਨ ਕਾ ਦਾਸਨਿ ਦਸਨਾ॥੪॥	ਦਸਨਾ: ਪੋਲਾ ਬੋਲੋ	Naanak Jan Kaa Dhaasan Dhasanaa ||4||	Nanak is the servant of the slave of His slaves. ||4||	(ਆਖ) ਹੇ ਨਾਨਕ! (ਮੈਂ) ਗੁਰਮੁਖਾਂ ਦੇ ਸੇਵਕਾਂ ਦਾ ਸੇਵਕ (ਬਣਾਂ) ॥੪॥
11640	263	ਪ੍ਰਭ ਕਉ ਸਿਮਰਹਿ ਸੇ ਧਨਵੰਤੇ॥		Prabh Ko Simarehi Sae Dhhanavanthae ||	Those who remember God are wealthy.	ਜੋ ਮਨੁੱਖ ਪ੍ਰਭੂ ਨੂੰ ਸਿਮਰਦੇ ਹਨ, ਉਹ ਧਨਾਢ ਹਨ,
11641	263	ਪ੍ਰਭ ਕਉ ਸਿਮਰਹਿ ਸੇ ਪਤਿਵੰਤੇ॥		Prabh Ko Simarehi Sae Pathivanthae ||	Those who remember God are honorable.	ਤੇ, ਉਹ ਇੱਜ਼ਤ ਵਾਲੇ ਹਨ।

11642	263	ਪ੍ਰਭ ਕਉ ਸਿਮਰਹਿ ਸੇ ਜਨ ਪਰਵਾਨ॥		Prabh Ko Simarehi Sae Jan Paravaan ||	Those who remember God are approved.	ਜੋ ਮਨੁੱਖ ਪ੍ਰਭੂ ਨੂੰ ਸਿਮਰਦੇ ਹਨ, ਉਹ ਮੰਨੇ-ਪ੍ਰਮੰਨੇ ਹੋਏ ਹਨ,
11643	263	ਪ੍ਰਭ ਕਉ ਸਿਮਰਹਿ ਸੇ ਪੁਰਖ ਪ੍ਰਧਾਨ॥		Prabh Ko Simarehi Sae Purakh Pradhhaan ||	Those who remember God are the most distinguished persons.	ਤੇ ਉਹ (ਸਭ ਮਨੁੱਖਾਂ ਤੋਂ) ਚੰਗੇ ਹਨ।
11644	263	ਪ੍ਰਭ ਕਉ ਸਿਮਰਹਿ ਸਿ ਬੇਮੁਹਤਾਜੇ॥	ਬੇਮੁਹਤੱਾਜੇ	Prabh Ko Simarehi S Baemuhathaajae ||	Those who remember God are not lacking.	ਜੋ ਮਨੁੱਖ ਪ੍ਰਭੂ ਨੂੰ ਸਿਮਰਦੇ ਹਨ ਉਹ ਕਿਸੇ ਦੇ ਮੁਥਾਜ ਨਹੀਂ ਹਨ,
11645	263	ਪ੍ਰਭ ਕਉ ਸਿਮਰਹਿ ਸਿ ਸਰਬ ਕੇ ਰਾਜੇ॥	ਰਾਜੇ: ਪੋਲਾ ਬੋਲੋ	Prabh Ko Simarehi S Sarab Kae Raajae ||	Those who remember God are the rulers of all.	ਉਹ (ਤਾਂ ਸਗੋਂ) ਸਭ ਦੇ ਬਾਦਸ਼ਾਹ ਹਨ।
11646	263	ਪ੍ਰਭ ਕਉ ਸਿਮਰਹਿ ਸੇ ਸੁਖਵਾਸੀ॥		Prabh Ko Simarehi Sae Sukhavaasee ||	Those who remember God dwell in peace.	ਜੋ ਮਨੁੱਖ ਪ੍ਰਭੂ ਨੂੰ ਸਿਮਰਦੇ ਹਨ ਉਹ ਸੁਖੀ ਵੱਸਦੇ ਹਨ,
11647	263	ਪ੍ਰਭ ਕਉ ਸਿਮਰਹਿ ਸਦਾ ਅਬਿਨਾਸੀ॥		Prabh Ko Simarehi Sadhaa Abinaasee ||	Those who remember God are immortal and eternal.	ਅਤੇ ਸਦਾ ਲਈ ਜਨਮ ਮਰਨ ਤੋਂ ਰਹਿਤ ਹੋ ਜਾਂਦੇ ਹਨ।

11648	263	ਸਿਮਰਨ ਤੇ ਲਾਗੇ ਜਿਨ ਆਪਿ ਦਇਆਲਾ॥	ਦ-ਇਆਲਾ	Simaran Thae Laagae Jin Aap Dhaeiaalaa ||	They alone hold to the remembrance of Him, unto whom He Himself shows His Mercy.	(ਪਰ) ਪ੍ਰਭ-ਸਿਮਰਨ ਵਿਚ ਉਹੀ ਮਨੁੱਖ ਲੱਗਦੇ ਹਨ ਜਿਨ੍ਹਾਂ ਉਤੇ ਪ੍ਰਭੂ ਆਪਿ ਮੇਹਰਬਾਨ (ਹੁੰਦਾ ਹੈ);
11649	263	ਨਾਨਕ ਜਨ ਕੀ ਮੰਗੈ ਰਵਾਲਾ॥੫॥		Naanak Jan Kee Mangai Ravaalaa ||5||	Nanak begs for the dust of their feet. ||5||	ਹੇ ਨਾਨਕ! (ਕੋਈ ਵਡ-ਭਾਗੀ) ਇਹਨਾਂ ਗੁਰਮੁਖਾਂ ਦੀ ਚਰਨ-ਧੂੜ ਮੰਗਦਾ ਹੈ ॥੫॥
11650	263	ਪ੍ਰਭ ਕਉ ਸਿਮਰਹਿ ਸੇ ਪਰਉਪਕਾਰੀ॥		Prabh Ko Simarehi Sae Paroupakaaree ||	Those who remember God generously help others.	ਜੋ ਮਨੁੱਖ ਪ੍ਰਭੂ ਨੂੰ ਸਿਮਰਦੇ ਹਨ, ਉਹ ਦੂਜਿਆਂ ਨਾਲ ਭਲਾਈ ਕਰਨ ਵਾਲੇ ਬਣ ਜਾਂਦੇ ਹਨ,
11651	263	ਪ੍ਰਭ ਕਉ ਸਿਮਰਹਿ ਤਿਨ ਸਦ ਬਲਿਹਾਰੀ॥		Prabh Ko Simarehi Thin Sadh Balihaaree ||	Those who remember God - to them, I am forever a sacrifice.	ਉਹਨਾਂ ਤੋਂ (ਮੈਂ) ਸਦਾ ਸਦਕੇ ਹਾਂ।
11652	263	ਪ੍ਰਭ ਕਉ ਸਿਮਰਹਿ ਸੇ ਮੁਖ ਸੁਹਾਵੇ॥		Prabh Ko Simarehi Sae Mukh Suhaavae ||	Those who remember God - their faces are beautiful.	ਜੋ ਮਨੁੱਖ ਪ੍ਰਭੂ ਨੂੰ ਸਿਮਰਦੇ ਹਨ ਉਹਨਾਂ ਦੇ ਮੂੰਹ ਸੋਹਣੇ (ਲੱਗਦੇ) ਹਨ,
11653	263	ਪ੍ਰਭ ਕਉ ਸਿਮਰਹਿ ਤਿਨ ਸੂਖਿ ਬਿਹਾਵੈ॥		Prabh Ko Simarehi Thin Sookh Bihaavai ||	Those who remember God abide in peace.	ਉਹਨਾਂ ਦੀ (ਉਮਰ) ਸੁਖ ਵਿਚ ਗੁਜ਼ਰਦੀ ਹੈ।

11654	263	ਪ੍ਰਭ ਕਉ ਸਿਮਰਹਿ ਤਿਨ ਆਤਮੁ ਜੀਤਾ॥		Prabh Ko Simarehi Thin Aatham Jeethaa ||	Those who remember God conquer their souls.	ਜੋ ਮਨੁੱਖ ਪ੍ਰਭੂ ਨੂੰ ਸਿਮਰਦੇ ਹਨ, ਉਹ ਆਪਣੇ ਆਪ ਨੂੰ ਜਿੱਤ ਲੈਂਦੇ ਹਨ,
11655	263	ਪ੍ਰਭ ਕਉ ਸਿਮਰਹਿ ਤਿਨ ਨਿਰਮਲ ਰੀਤਾ॥		Prabh Ko Simarehi Thin Niramal Reethaa ||	Those who remember God have a pure and spotless lifestyle.	ਅਤੇ ਉਹਨਾਂ ਦੀ ਜ਼ਿੰਦਗੀ ਗੁਜ਼ਾਰਨ ਦਾ ਤਰੀਕਾ ਪਵਿਤ੍ਰ ਹੋ ਜਾਂਦਾ ਹੈ।
11656	263	ਪ੍ਰਭ ਕਉ ਸਿਮਰਹਿ ਤਿਨ ਅਨਦ ਘਨੇਰੇ॥	ਅਨ-ਦ: ਪੋਲਾ ਬੋਲੋ	Prabh Ko Simarehi Thin Anadh Ghanaerae ||	Those who remember God experience all sorts of joys.	ਜੋ ਮਨੁੱਖ ਪ੍ਰਭੂ ਨੂੰ ਸਿਮਰਦੇ ਹਨ, ਉਹਨਾਂ ਨੂੰ ਖ਼ੁਸ਼ੀਆਂ ਹੀ ਖ਼ੁਸ਼ੀਆਂ ਹਨ,
11657	263	ਪ੍ਰਭ ਕਉ ਸਿਮਰਹਿ ਬਸਹਿ ਹਰਿ ਨੇਰੇ॥		Prabh Ko Simarehi Basehi Har Naerae ||	Those who remember God abide near the Lord.	(ਕਿਉਂਕਿ) ਉਹ ਪ੍ਰਭੂ ਦੀ ਹਜ਼ੂਰੀ ਵਿਚ ਵੱਸਦੇ ਹਨ।
11658	263	ਸੰਤ ਕ੍ਰਿਪਾ ਤੇ ਅਨ ਦਿਨੁ ਜਾਗਿ॥		Santh Kirapaa Thae Anadhin Jaag ||	By the Grace of the Saints, one remains awake and aware, night and day.	ਸੰਤਾਂ ਦੀ ਕ੍ਰਿਪਾ ਨਾਲ ਹੀ ਇਹ ਹਰ ਵੇਲੇ (ਸਿਮਰਨ ਦੀ) ਜਾਗ ਆ ਸਕਦੀ ਹੈ;
11659	263	ਨਾਨਕ ਸਿਮਰਨੁ ਪੂਰੈ ਭਾਗਿ॥੬॥		Naanak Simaran Poorai Bhaag ||6||	O Nanak, this meditative remembrance comes only by perfect destiny. ||6||	ਹੇ ਨਾਨਕ! ਸਿਮਰਨ (ਦੀ ਦਾਤਿ) ਵੱਡੀ ਕਿਸਮਤ ਨਾਲ (ਮਿਲਦੀ ਹੈ) ॥੬॥

11660	263	ਪ੍ਰਭ ਕੈ ਸਿਮਰਨਿ ਕਾਰਜ ਪੂਰੇ॥		Prabh Kai Simaran Kaaraj Poorae ||	Remembering God, one's works are accomplished.	ਪ੍ਰਭੂ ਦਾ ਸਿਮਰਨ ਕਰਨ ਨਾਲ ਮਨੁੱਖ ਦੇ (ਸਾਰੇ) ਕੰਮ ਪੂਰੇ ਹੋ ਜਾਂਦੇ ਹਨ (ਭਾਵ, ਉਹ ਲੋੜਾਂ ਦੇ ਅਧੀਨ ਨਹੀਂ ਰਹਿੰਦਾ)
11661	263	ਪ੍ਰਭ ਕੈ ਸਿਮਰਨਿ ਕਬਹੁ ਨ ਝੂਰੇ॥		Prabh Kai Simaran Kabahu N Jhoorae ||	Remembering God, one never grieves.	ਅਤੇ ਕਦੇ ਚਿੰਤਾ ਦੇ ਵੱਸ ਨਹੀਂ ਹੁੰਦਾ।
11662	263	ਪ੍ਰਭ ਕੈ ਸਿਮਰਨਿ ਹਰਿ ਗੁਨ ਬਾਨੀ॥		Prabh Kai Simaran Har Gun Baanee ||	Remembering God, one speaks the Glorious Praises of the Lord.	ਪ੍ਰਭੂ ਦਾ ਸਿਮਰਨ ਕਰਨ ਨਾਲ, ਮਨੁੱਖ ਅਕਾਲ ਪੁਰਖ ਦੇ ਗੁਣ ਹੀ ਉਚਾਰਦਾ ਹੈ (ਭਾਵ, ਉਸ ਨੂੰ ਸਿਫ਼ਤ-ਸਾਲਾਹ ਦੀ ਆਦਤ ਪੈ ਜਾਂਦੀ ਹੈ)
11663	263	ਪ੍ਰਭ ਕੈ ਸਿਮਰਨਿ ਸਹਜਿ ਸਮਾਨੀ॥		Prabh Kai Simaran Sehaj Samaanee ||	Remembering God, one is absorbed into the state of intuitive ease.	ਅਤੇ ਸਹਜ ਅਵਸਥਾ ਵਿਚ ਟਿਕਿਆ ਰਹਿੰਦਾ ਹੈ।
11664	263	ਪ੍ਰਭ ਕੈ ਸਿਮਰਨਿ ਨਿਹਚਲ ਆਸਨੁ॥		Prabh Kai Simaran Nihachal Aasan ||	Remembering God, one attains the unchanging position.	ਪ੍ਰਭੂ ਦਾ ਸਿਮਰਨ ਕਰਨ ਨਾਲ ਮਨੁੱਖ ਦਾ (ਮਨ ਰੂਪੀ) ਆਸਨ ਡੋਲਦਾ ਨਹੀਂ
11665	263	ਪ੍ਰਭ ਕੈ ਸਿਮਰਨਿ ਕਮਲ ਬਿਗਾਸਨੁ॥		Prabh Kai Simaran Kamal Bigaasan ||	Remembering God, the heart-lotus blossoms forth.	ਅਤੇ ਉਸ ਦੇ (ਹਿਰਦੇ ਦਾ) ਕਉਲ-ਫੁੱਲ ਖਿੜਿਆ ਰਹਿੰਦਾ ਹੈ।
11666	263	ਪ੍ਰਭ ਕੈ ਸਿਮਰਨਿ ਅਨਹਦ ਝੁਨਕਾਰ॥		Prabh Kai Simaran Anehadh Jhunakaar ||	Remembering God, the unstruck melody vibrates.	ਪ੍ਰਭੂ ਦਾ ਸਿਮਰਨ ਕਰਨ ਨਾਲ (ਮਨੁੱਖ ਦੇ ਅੰਦਰ) ਇਕ-ਰਸ ਸੰਗੀਤ (ਜਿਹਾ) (ਹੁੰਦਾ ਰਹਿੰਦਾ ਹੈ),

11667	263	ਸੁਖੁ ਪ੍ਰਭ ਸਿਮਰਨ ਕਾ ਅੰਤੁ ਨ ਪਾਰ॥		Sukh Prabh Simaran Kaa Anth N Paar ||	The peace of the meditative remembrance of God has no end or limitation.	(ਭਾਵ) ਪ੍ਰਭੂ ਦੇ ਸਿਮਰਨ ਤੋਂ ਜੋ ਸੁਖ (ਉਪਜਦਾ) ਹੈ ਉਹ (ਕਦੇ) ਮੁੱਕਦਾ ਨਹੀਂ।
11668	263	ਸਿਮਰਹਿ ਸੇ ਜਨ ਜਿਨ ਕਉ ਪ੍ਰਭ ਮਇਆ॥		Simarehi Sae Jan Jin Ko Prabh Maeiaa ||	They alone remember Him, upon whom God bestows His Grace.	ਉਹੀ ਮਨੁੱਖ (ਪ੍ਰਭੂ ਨੂੰ) ਸਿਮਰਦੇ ਹਨ, ਜਿਨ੍ਹਾਂ ਉਤੇ ਪ੍ਰਭੂ ਦੀ ਮੇਹਰ ਹੁੰਦੀ ਹੈ;
11669	263	ਨਾਨਕ ਤਿਨ ਜਨ ਸਰਨੀ ਪਇਆ॥੭॥	ਪਇਆ	Naanak Thin Jan Saranee Paeiaa ||7||	Nanak seeks the Sanctuary of those humble beings. ||7||	ਹੇ ਨਾਨਕ! (ਕੋਈ ਵਡਭਾਗੀ) ਉਹਨਾਂ (ਸਿਮਰਨ ਕਰਨ ਵਾਲੇ) ਜਨਾਂ ਦੀ ਸਰਣੀ ਪੈਂਦਾ ਹੈ ॥੭॥
11670	263	ਹਰਿ ਸਿਮਰਨੁ ਕਰਿ ਭਗਤ ਪ੍ਰਗਟਾਏ॥		Har Simaran Kar Bhagath Pragattaaeae ||	Remembering the Lord, His devotees are famous and radiant.	ਪ੍ਰਭੂ ਦਾ ਸਿਮਰਨ ਕਰ ਕੇ ਭਗਤ (ਜਗਤ ਵਿਚ) ਮਸ਼ਹੂਰ ਹੁੰਦੇ ਹਨ,
11671	263	ਹਰਿ ਸਿਮਰਨਿ ਲਗਿ ਬੇਦ ਉਪਾਏ॥		Har Simaran Lag Baedh Oupaaeae ||	Remembering the Lord, the Vedas were composed.	ਸਿਮਰਨ ਵਿਚ ਹੀ ਜੁੜ ਕੇ (ਰਿਸ਼ੀਆਂ ਨੇ) ਵੇਦ (ਆਦਿਕ ਧਰਮ ਪੁਸਤਕ) ਰਚੇ।
11672	263	ਹਰਿ ਸਿਮਰਨਿ ਭਏ ਸਿਧ ਜਤੀ ਦਾਤੇ॥	ਸਿੱਧ। ਜਤੀ ਦਾਤੇ: ਪੋਲੇ ਬੋਲੋ	Har Simaran Bheae Sidhh Jathee Dhaathae ||	Remembering the Lord, we become Siddhas, celibates and givers.	ਪ੍ਰਭੂ ਦੇ ਸਿਮਰਨ ਦੁਆਰਾ ਹੀ ਮਨੁੱਖ ਸਿੱਧ ਬਣ ਗਏ, ਜਤੀ ਬਣ ਗਏ, ਦਾਤੇ ਬਣ ਗਏ;

11673	263	ਹਰਿ ਸਿਮਰਨਿ ਨੀਚ ਚਹੁ ਕੁੰਟ ਜਾਤੇ॥		Har Simaran Neech Chahu Kuntt Jaathae ||	Remembering the Lord, the lowly become known in all four directions.	ਸਿਮਰਨ ਦੀ ਬਰਕਤਿ ਨਾਲ ਨੀਚ ਮਨੁੱਖ ਸਾਰੇ ਸੰਸਾਰ ਵਿਚ ਪਰਗਟ ਹੋ ਗਏ।
11674	263	ਹਰਿ ਸਿਮਰਨਿ ਧਾਰੀ ਸਭ ਧਰਨਾ॥		Har Simaran Dhhaaree Sabh Dhharanaa ||	For the remembrance of the Lord, the whole world was established.	ਪ੍ਰਭੂ ਦੇ ਸਿਮਰਨ ਨੇ ਸਾਰੀ ਧਰਤੀ ਨੂੰ ਆਸਰਾ ਦਿੱਤਾ ਹੋਇਆ ਹੈ;
11675	263	ਸਿਮਰਿ ਸਿਮਰਿ ਹਰਿ ਕਾਰਨ ਕਰਨਾ॥		Simar Simar Har Kaaran Karanaa ||	Remember, remember in meditation the Lord, the Creator, the Cause of causes.	(ਤਾਂ ਤੇ ਹੇ ਭਾਈ!) ਜਗਤ ਦੇ ਕਰਤਾ ਪ੍ਰਭੂ ਨੂੰ ਸਦਾ ਸਿਮਰ।
11676	263	ਹਰਿ ਸਿਮਰਨਿ ਕੀਓ ਸਗਲ ਅਕਾਰਾ॥		Har Simaran Keeou Sagal Akaaraa ||	For the remembrance of the Lord, He created the whole creation.	ਪ੍ਰਭੂ ਨੇ ਸਿਮਰਨ ਵਾਸਤੇ ਸਾਰਾ ਜਗਤ ਬਣਾਇਆ ਹੈ;
11677	263	ਹਰਿ ਸਿਮਰਨ ਮਹਿ ਆਪਿ ਨਿਰੰਕਾਰਾ॥		Har Simaran Mehi Aap Nirankaaraa ||	In the remembrance of the Lord, He Himself is Formless.	ਜਿਥੇ ਸਿਮਰਨ ਹੈ ਓਥੇ ਨਿਰੰਕਾਰ ਆਪ ਵੱਸਦਾ ਹੈ।
11678	263	ਕਰਿ ਕਿਰਪਾ ਜਿਸੁ ਆਪਿ ਬੁਝਾਇਆ॥	ਬੁੱਝਾਇਆ	Kar Kirapaa Jis Aap Bujhaaeiaa ||	By His Grace, He Himself bestows understanding.	ਮੇਹਰ ਕਰ ਕੇ ਜਿਸ ਮਨੁੱਖ ਨੂੰ (ਸਿਮਰਨ ਕਰਨ ਦੀ) ਸਮਝ ਦੇਂਦਾ ਹੈ,

11679	263	ਨਾਨਕ ਗੁਰਮੁਖਿ ਹਰਿ ਸਿਮਰਨੁ ਤਿਨਿ ਪਾਇਆ॥੮॥੧॥		Naanak Guramukh Har Simaran Thin Paaeiaa ||8||1||	O Nanak, the Gurmukh attains the remembrance of the Lord. ||8||1||	ਹੇ ਨਾਨਕ! ਉਸ ਮਨੁੱਖ ਨੇ ਗੁਰੂ ਦੁਆਰਾ ਸਿਮਰਨ (ਦੀ ਦਾਤ) ਪ੍ਰਾਪਤ ਕਰ ਲਈ ਹੈ ॥੮॥੧॥
11680	263	ਸਲੋਕੁ॥		Salok ||	Shalok:	
11681	263	ਦੀਨ ਦਰਦ ਦੁਖ ਭੰਜਨਾ ਘਟਿ ਘਟਿ ਨਾਥ ਅਨਾਥ॥		Dheen Dharadh Dhukh Bhanjanaa Ghatt Ghatt Naathh Anaathh ||	O Destroyer of the pains and the suffering of the poor, O Master of each and every heart, O Masterless One:	ਦੀਨਾਂ ਦੇ ਦਰਦ ਤੇ ਦੁੱਖ ਨਾਸ ਕਰਨ ਵਾਲੇ ਹੇ ਪ੍ਰਭੂ! ਹੇ ਹਰੇਕ ਸਰੀਰ ਵਿਚ ਵਿਆਪਕ ਹਰੀ! ਹੇ ਅਨਾਥਾਂ ਦੇ ਨਾਥ!
11682	263	ਸਰਣਿ ਤੁਮ੍ਹਾਰੀ ਆਇਓ ਨਾਨਕ ਕੇ ਪ੍ਰਭ ਸਾਥ॥੧॥		Saran Thumhaaree Aaeiou Naanak Kae Prabh Saathh ||1||	I have come seeking Your Sanctuary. O God, please be with Nanak! ||1||	ਹੇ ਪ੍ਰਭੂ! ਗੁਰੂ ਨਾਨਕ ਦਾ ਪੱਲਾ ਫੜ ਕੇ ਮੈਂ ਤੇਰੀ ਸਰਣ ਆਇਆ ਹਾਂ ॥੧॥
11683	264	ਅਸਟਪਦੀ॥	ਅਸਟਪਦੀ: ਸ ਬਿੰਦੀ ਨ ਲਾਉ।	Asattapadhee ||	Ashtapadee:	
11684	264	ਜਹ ਮਾਤ ਪਿਤਾ ਸੁਤ ਮੀਤ ਨ ਭਾਈ॥	ਸੁੱਤ	Jeh Maath Pithaa Suth Meeth N Bhaaee ||	Where there is no mother, father, children, friends or siblings	ਜਿਥੇ ਮਾਂ, ਪਿਉ, ਪੁੱਤਰ, ਮਿੱਤ੍ਰ, ਭਰਾ ਕੋਈ (ਸਾਥੀ) ਨਹੀਂ (ਬਣਦਾ),

11685	264	ਮਨ ਊਹਾ ਨਾਮੁ ਤੇਰੈ ਸੰਗਿ ਸਹਾਈ॥		Man Oohaa Naam Thaerai Sang Sehaaee ||	O my mind, there, only the Naam, the Name of the Lord, shall be with you as your help and support.	ਓਥੇ ਹੇ ਮਨ! (ਪ੍ਰਭੂ) ਦਾ ਨਾਮ ਤੇਰੇ ਨਾਲ ਸਹੈਤਾ ਕਰਨ ਵਾਲਾ (ਹੈ)।
11686	264	ਜਹ ਮਹਾ ਭਇਆਨ ਦੂਤਜਮ ਦਲੈ॥	ਭਇਆਨ। ਦੂਤਜਮ।ਦਲੈ: ਪੋਲਾ ਬੋਲੋ।(ਦਲੈ) ਜਮਦੂਤਾਂ ਦਾ ਦਲ ਹੋਵੇਗਾ (ਦੂਜਾ ਪਾਠ: ਦੂਤ ਜਮ)	Jeh Mehaa Bhaeiaan Dhooth Jam Dhalai ||	Where the great and terrible Messenger of Death shall try to crush you,	ਜਿਥੇ ਵੱਡੇ ਡਰਾਉਣੇ ਜਮਦੂਤਾਂ ਦਾ ਦਲ ਹੈ,
11687	264	ਤਹ ਕੇਵਲ ਨਾਮੁ ਸੰਗਿ ਤੇਰੈ ਚਲੈ॥	ਚੱਲੈ	Theh Kaeval Naam Sang Thaerai Chalai ||	There, only the Naam shall go along with you.	ਓਥੇ ਤੇਰੇ ਨਾਲ ਸਿਰਫ਼ ਪ੍ਰਭੂ ਦਾ ਨਾਮ ਹੀ ਜਾਂਦਾ ਹੈ।
11688	264	ਜਹ ਮੁਸਕਲ ਹੋਵੈ ਅਤਿ ਭਾਰੀ॥		Jeh Musakal Hovai Ath Bhaaree ||	Where the obstacles are so very heavy,	ਜਿਥੇ ਬੜੀ ਭਾਰੀ ਮੁਸ਼ਕਲ ਹੁੰਦੀ ਹੈ,
11689	264	ਹਰਿ ਕੋ ਨਾਮੁ ਖਿਨ ਮਾਹਿ ਉਧਾਰੀ॥		Har Ko Naam Khin Maahi Oudhhaaree ||	The Name of the Lord shall rescue you in an instant.	(ਓਥੇ) ਪ੍ਰਭੂ ਦਾ ਨਾਮ ਅੱਖ ਦੇ ਫੋਰ ਵਿਚ ਬਚਾ ਲੈਂਦਾ ਹੈ।
11690	264	ਅਨਿਕ ਪੁਨਹਚਰਨ ਕਰਤ ਨਹੀ ਤਰੈ॥	ਪੁਨਹ-ਚਰਨ	Anik Punehacharan Karath Nehee Tharai ||	By performing countless religious rituals, you shall not be saved.	ਅਨੇਕਾਂ ਧਾਰਮਿਕ ਰਸਮਾਂ ਕਰ ਕੇ ਭੀ (ਮਨੁੱਖ ਪਾਪਾਂ ਤੋਂ) ਨਹੀਂ ਬਚਦਾ,

11691	264	ਹਰਿ ਕੋ ਨਾਮੁ ਕੋਟਿ ਪਾਪ ਪਰਹਰੈ॥	ਪਰ-ਹਰੈ	Har Ko Naam Kott Paap Pareharai ||	The Name of the Lord washes off millions of sins.	(ਪਰ) ਪ੍ਰਭੂ ਦਾ ਨਾਮ ਕਰੋੜਾਂ ਪਾਪਾਂ ਦਾ ਨਾਸ ਕਰ ਦੇਂਦਾ ਹੈ।
11692	264	ਗੁਰਮੁਖਿ ਨਾਮੁ ਜਪਹੁ ਮਨ ਮੇਰੇ॥		Guramukh Naam Japahu Man Maerae ||	As Gurmukh, chant the Naam, O my mind.	(ਤਾਂ ਤੇ) ਹੇ ਮੇਰੇ ਮਨ! ਗੁਰੂ ਦੀ ਸਰਣ ਪੈ ਕੇ (ਪ੍ਰਭੂ ਦਾ) ਨਾਮ ਜਪ;
11693	264	ਨਾਨਕ ਪਾਵਹੁ ਸੂਖ ਘਨੇਰੇ॥੧॥		Naanak Paavahu Sookh Ghanaerae ||1||	O Nanak, you shall obtain countless joys. ||1||	ਹੇ ਨਾਨਕ! (ਨਾਮ ਦੀ ਬਰਕਤਿ ਨਾਲ) ਬੜੇ ਸੁਖ ਪਾਵਹਿੰਗਾ ॥੧॥
11694	264	ਸਗਲ ਸ੍ਰਿਸਟਿ ਕੋ ਰਾਜਾ ਦੁਖੀਆ॥	ਸਰ੍ਿਸਟਿ	Sagal Srisatt Ko Raajaa Dhukheeaa ||	The rulers of the all the world are unhappy;	(ਮਨੁੱਖ) ਸਾਰੀ ਦੁਨੀਆ ਦਾ ਰਾਜਾ (ਹੋ ਕੇ ਭੀ) ਦੁਖੀ (ਰਹਿੰਦਾ ਹੈ),
11695	264	ਹਰਿ ਕਾ ਨਾਮੁ ਜਪਤ ਹੋਇ ਸੁਖੀਆ॥		Har Kaa Naam Japath Hoe Sukheeaa ||	One who chants the Name of the Lord becomes happy.	ਪਰ ਪ੍ਰਭੂ ਦਾ ਨਾਮ ਜਪਿਆਂ ਸੁਖੀ (ਹੋ ਜਾਂਦਾ ਹੈ);
11696	264	ਲਾਖ ਕਰੋਰੀ ਬੰਧੁਨ ਪਰੈ॥	ਲੱਖਾਂ ਕ੍ਰੋੜਾਂ ਬੰਧੁਨ ਬਹੁ ਵਚਨ ਹੈ, ਪ੍ਰਕਰਣ ਅਨੁਸਾਰ ਬੰਧੁਨ ਸਹੀਹੈ, ਗੁਰਬਾਣੀ ਗੁਰੂ ਜੀ ਵਿਆਕਰਣ ਅਨੁਸਾਰ ਨਹੀਂ ਹਨ। ਜਿਵੇਂ ਰਸਨਾ ਏਕ. ਜਸੁ ਗਾਇ ਨ ਸਾਕੈ; ਬਹੁ ਕੀਜੈ ਬਹੁ ਰਸੁਨਥੇ॥	Laakh Karoree Bandhh N Parai ||	Acquiring hundreds of thousands and millions, your desires shall not be contained.	(ਕਿਉਂਕਿ) ਲੱਖਾਂ ਕਰੋੜਾਂ (ਰੁਪਏ) ਕਮਾ ਕੇ ਭੀ (ਮਾਇਆ ਦੀ ਤ੍ਰਿਹ ਵਿਚ) ਰੋਕ ਨਹੀਂ ਪੈਂਦੀ,

11697	264	ਹਰਿ ਕਾ ਨਾਮੁ ਜਪਤ ਨਿਸਤਰੈ॥	ਨਿਸ-ਤਰੈ: ਪੋਲਾ ਬੋਲੋ	Har Kaa Naam Japath Nisatharai ||	Chanting the Name of the Lord, you shall find release.	(ਏਸ ਮਾਇਆ-ਕਾਂਗ ਤੋਂ) ਪ੍ਰਭੂ ਦਾ ਨਾਮ ਜਪ ਕੇ ਮਨੁੱਖ ਪਾਰ ਲੰਘ ਜਾਂਦਾ ਹੈ;
11698	264	ਅਨਿਕ ਮਾਇਆ ਰੰਗ ਤਿਖ ਨ ਬੁਝਾਵੈ॥	ਤਿਖ ਬੁਝਾਵੈ: ਪੋਲੇ ਬੋਲੋ	Anik Maaeiaa Rang Thikh N Bujhaavai ||	By the countless pleasures of Maya, your thirst shall not be quenched.	ਮਾਇਆ ਦੀਆਂ ਬੇ-ਅੰਤ ਮੌਜਾਂ ਹੁੰਦਿਆਂ ਭੀ (ਮਾਇਆ ਦੀ) ਤ੍ਰਿਹ ਨਹੀਂ ਬੁੱਝਦੀ,
11699	264	ਹਰਿ ਕਾ ਨਾਮੁ ਜਪਤ ਆਘਾਵੈ॥		Har Kaa Naam Japath Aaghaavai ||	Chanting the Name of the Lord, you shall be satisfied.	(ਪਰ) ਪ੍ਰਭੂ ਦਾ ਨਾਮ ਜਪਿਆਂ (ਮਨੁੱਖ ਮਾਇਆ ਵਲੋਂ) ਰੱਜ ਜਾਂਦਾ ਹੈ।
11700	264	ਜਿਹ ਮਾਰਗਿ ਇਹੁ ਜਾਤ ਇਕੇਲਾ॥		Jih Maarag Eihu Jaath Eikaelaa ||	Upon that path where you must go all alone,	ਜਿਹਨੀਂ ਰਾਹੀਂ ਇਹ ਜੀਵ ਇਕੱਲਾ ਜਾਂਦਾ ਹੈ, (ਭਾਵ, ਜ਼ਿੰਦਗੀ ਦੇ ਜਿਨ੍ਹਾਂ ਝੰਬੇਲਿਆਂ ਵਿਚ ਇਸ ਚਿੰਤਾਤੁਰ ਜੀਵ ਦੀ ਕੋਈ ਸਹੈਤਾ ਨਹੀਂ ਕਰ ਸਕਦਾ)
11701	264	ਤਹ ਹਰਿ ਨਾਮੁ ਸੰਗਿ ਹੋਤ ਸੁਹੇਲਾ॥		Theh Har Naam Sang Hoth Suhaelaa ||	There, only the Lord's Name shall go with you to sustain you.	ਓਥੇ ਪ੍ਰਭੂ ਦਾ ਨਾਮ ਇਸ ਦੇ ਨਾਲ ਸੁਖ ਦੇਣ ਵਾਲਾ ਹੁੰਦਾ ਹੈ।
11702	264	ਐਸਾ ਨਾਮੁ ਮਨ ਸਦਾ ਧਿਆਈਐ॥		Aisaa Naam Man Sadhaa Dhhiaaeeai ||	On such a Name, O my mind, meditate forever.	(ਤਾਂ ਤੇ) ਹੇ ਮਨ! ਅਜੇਹਾ (ਸੁਹੇਲਾ) ਨਾਮ ਸਦਾ ਸਿਮਰੀਏ,
11703	264	ਨਾਨਕ ਗੁਰਮੁਖਿ ਪਰਮਗਤਿ ਪਾਈਐ॥੨॥		Naanak Guramukh Param Gath Paaeeai ||2||	O Nanak, as Gurmukh, you shall obtain the state of supreme dignity. ||2||	ਹੇ ਨਾਨਕ! ਗੁਰੂ ਦੀ ਰਾਹੀਂ (ਨਾਮ ਜਪਿਆਂ) ਉੱਚਾ ਦਰਜਾ ਮਿਲਦਾ ਹੈ ॥੨॥

11704	264	ਛੂਟਤ ਨਹੀ ਕੋਟਿ ਲਖ ਬਾਹੀ॥	ਲੱਖ	Shhoottath Nehee Kott Lakh Baahee ||	You shall not be saved by hundreds of thousands and millions of helping hands.	ਲੱਖਾਂ ਕਰੋੜਾਂ ਭਰਾਵਾਂ ਦੇ ਹੁੰਦਿਆਂ (ਮਨੁੱਖ ਜਿਸ ਦੀਨ ਅਵਸਥਾ ਤੋਂ) ਖ਼ਲਾਸੀ ਨਹੀਂ ਪਾ ਸਕਦਾ,
11705	264	ਨਾਮੁ ਜਪਤ ਤਹ ਪਾਰਿ ਪਰਾਹੀ॥		Naam Japath Theh Paar Paraahee ||	Chanting the Naam, you shall be lifted up and carried across.	ਓਥੋਂ (ਪ੍ਰਭੂ ਦਾ) ਨਾਮ ਜਪਿਆਂ (ਜੀਵ) ਪਾਰ ਲੰਘ ਜਾਂਦੇ ਹਨ।
11706	264	ਅਨਿਕ ਬਿਘਨ ਜਹ ਆਇ ਸੰਘਾਰੈ॥		Anik Bighan Jeh Aae Sanghaarai ||	Where countless misfortunes threaten to destroy you,	ਜਿਥੇ ਅਨੇਕਾਂ ਔਕੜਾਂ ਆ ਦਬਾਉਂਦੀਆਂ ਹਨ,
11707	264	ਹਰਿ ਕਾ ਨਾਮੁ ਤਤਕਾਲ ਉਧਾਰੈ॥	ਤੱਤਕਾਲ	Har Kaa Naam Thathakaal Oudhhaarai ||	The Name of the Lord shall rescue you in an instant.	(ਓਥੇ) ਪ੍ਰਭੂ ਦਾ ਨਾਮ ਤੁਰਤ ਬਚਾ ਲੈਂਦਾ ਹੈ।
11708	264	ਅਨਿਕ ਜੋਨਿ ਜਨਮੈ ਮਰਿ ਜਾਮ॥		Anik Jon Janamai Mar Jaam ||	Through countless incarnations, people are born and die.	(ਜੀਵ) ਅਨੇਕਾਂ ਜੂਨਾਂ ਵਿਚ ਜੰਮਦਾ ਹੈ, ਮਰਦਾ ਹੈ (ਫਿਰ) ਜੰਮਦਾ ਹੈ (ਏਸੇ ਤਰ੍ਹਾਂ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ),
11709	264	ਨਾਮੁ ਜਪਤ ਪਾਵੈ ਬਿਸ੍ਰਾਮ॥		Naam Japath Paavai Bisraam ||	Chanting the Name of the Lord, you shall come to rest in peace.	ਨਾਮ ਜਪਿਆਂ (ਪ੍ਰਭੂ-ਚਰਨਾਂ ਵਿਚ) ਟਿਕ ਜਾਂਦਾ ਹੈ।
11710	264	ਹਉ ਮੈਲਾ ਮਲੁ ਕਬਹੁ ਨ ਧੋਵੈ॥		Ho Mailaa Mal Kabahu N Dhhovai ||	The ego is polluted by a filth which can never be washed off.	ਹਉਮੈ ਨਾਲ ਗੰਦਾ ਹੋਇਆ (ਜੀਵ) ਕਦੇ ਇਹ ਮੈਲ ਧੋਂਦਾ ਨਹੀਂ,
11711	264	ਹਰਿ ਕਾ ਨਾਮੁ ਕੋਟਿ ਪਾਪ ਖੋਵੈ॥		Har Kaa Naam Kott Paap Khovai ||	The Name of the Lord erases millions of sins.	(ਪਰ) ਪ੍ਰਭੂ ਦਾ ਨਾਮ ਕਰੋੜਾਂ ਪਾਪ ਨਾਸ ਕਰ ਦੇਂਦਾ ਹੈ।

11712	264	ਐਸਾ ਨਾਮੁ ਜਪਹੁ ਮਨ ਰੰਗਿ॥		Aisaa Naam Japahu Man Rang ||	Chant such a Name with love, O my mind.	ਹੇ ਮਨ! (ਪ੍ਰਭੂ ਦਾ) ਅਜੇਹਾ ਨਾਮ ਪਿਆਰ ਨਾਲ ਜਪ।
11713	264	ਨਾਨਕ ਪਾਈਐ ਸਾਧ ਕੈ ਸੰਗਿ॥੩॥		Naanak Paaeeai Saadhh Kai Sang ||3||	O Nanak, it is obtained in the Company of the Holy. ||3||	ਹੇ ਨਾਨਕ! (ਪ੍ਰਭੂ ਦਾ ਨਾਮ) ਗੁਰਮੁਖਾਂ ਦੀ ਸੰਗਤਿ ਵਿਚ ਮਿਲਦਾ ਹੈ ॥੩॥
11714	264	ਜਿਹ ਮਾਰਗ ਕੇ ਗਨੇ ਜਾਹਿ ਨ ਕੋਸਾ॥		Jih Maarag Kae Ganae Jaahi N Kosaa ||	On that path where the miles cannot be counted,	ਜਿਸ (ਜ਼ਿੰਦਗੀ ਰੂਪੀ) ਪੈਂਡੇ ਦੇ ਕੋਹ ਗਿਣੇ ਨਹੀਂ ਜਾ ਸਕਦੇ,
11715	264	ਹਰਿ ਕਾ ਨਾਮੁ ਊਹਾ ਸੰਗਿ ਤੋਸਾ॥		Har Kaa Naam Oohaa Sang Thosaa ||	There, the Name of the Lord shall be your sustenance.	ਉਥੇ (ਭਾਵ, ਉਸ ਲੰਮੇ ਸਫ਼ਰ ਵਿਚ) ਪ੍ਰਭੂ ਦਾ ਨਾਮ (ਜੀਵ ਦੇ) ਨਾਲ (ਰਾਹ ਦੀ) ਰਾਸ-ਪੂੰਜੀ ਹੈ।
11716	264	ਜਿਹ ਪੈਡੈ ਮਹਾ ਅੰਧ ਗੁਬਾਰਾ॥		Jih Paiddai Mehaa Andhh Gubaaraa ||	On that journey of total, pitch-black darkness,	ਜਿਸ (ਜ਼ਿੰਦਗੀ ਰੂਪ) ਰਾਹ ਵਿਚ (ਵਿਕਾਰਾਂ ਦਾ) ਬੜਾ ਘੁੱਪ ਹਨੇਰਾ ਹੈ,
11717	264	ਹਰਿ ਕਾ ਨਾਮੁ ਸੰਗਿ ਉਜੀਆਰਾ॥		Har Kaa Naam Sang Oujeeaaraa ||	The Name of the Lord shall be the Light with you.	(ਉਥੇ) ਪ੍ਰਭੂ ਦਾ ਨਾਮ (ਜੀਵ ਦੇ) ਨਾਲ ਚਾਨਣ ਹੈ।
11718	264	ਜਹਾ ਪੰਥਿ ਤੇਰਾ ਕੋ ਨ ਸਿਞਾਨੂ॥		Jehaa Panthh Thaeraa Ko N Sinjaanoo ||	On that journey where no one knows you,	ਜਿਸ ਰਸਤੇ ਵਿਚ (ਹੇ ਜੀਵ!) ਤੇਰਾ ਕੋਈ (ਅਸਲੀ) ਮਰਹਮ ਨਹੀਂ ਹੈ,
11719	264	ਹਰਿ ਕਾ ਨਾਮੁ ਤਹ ਨਾਲਿ ਪਛਾਨੂ॥		Har Kaa Naam Theh Naal Pashhaanoo ||	With the Name of the Lord, you shall be recognized.	ਓਥੇ ਪ੍ਰਭੂ ਦਾ ਨਾਮ ਤੇਰੇ ਨਾਲ (ਸੱਚਾ) ਸਾਥੀ ਹੈ।

11720	264	ਜਹ ਮਹਾ ਭਇਆਨ ਤਪਤਿ ਬਹੁ ਘਾਮ॥	ਭ-ਇਆਨ	Jeh Mehaa Bhaeiaan Thapath Bahu Ghaam ||	Where there is awesome and terrible heat and blazing sunshine,	ਜਿਥੇ (ਜ਼ਿੰਦਗੀ ਦੇ ਸਫ਼ਰ ਵਿਚ) (ਵਿਕਾਰਾਂ ਦੀ) ਬੜੀ ਭਿਆਨਕ ਤਪਸ਼ ਤੇ ਗਰਮੀ ਹੈ,
11721	264	ਤਹ ਹਰਿ ਕੇ ਨਾਮ ਕੀ ਤੁਮ ਊਪਰਿ ਛਾਮ॥		Theh Har Kae Naam Kee Thum Oopar Shhaam ||	There, the Name of the Lord will give you shade.	ਓਥੇ ਪ੍ਰਭੂ ਦਾ ਨਾਮ (ਹੇ ਜੀਵ!) ਤੇਰੇ ਉਤੇ ਛਾਂ ਹੈ।
11722	264	ਜਹਾ ਤ੍ਰਿਖਾ ਮਨ ਤੁਝੁ ਆਕਰਖੈ॥	(ਆ-ਕਰਖੈ) ਖਿੱਚੇਗੀ ਭਾਵ ਸਤਾਏਗੀ	Jehaa Thrikhaa Man Thujh Aakarakhai ||	Where thirst, O my mind, torments you to cry out,	(ਹੇ ਜੀਵ!) ਜਿਥੇ (ਮਾਇਆ ਦੀ) ਤ੍ਰਿਹ ਤੈਨੂੰ (ਸਦਾ) ਖਿੱਚ ਪਾਉਂਦੀ ਹੈ,
11723	264	ਤਹ ਨਾਨਕ ਹਰਿ ਹਰਿ ਅੰਮ੍ਰਿਤੁ ਬਰਖੈ॥੪॥		Theh Naanak Har Har Anmrith Barakhai ||4||	There, O Nanak, the Ambrosial Name, Har, Har, shall rain down upon you. ||4||	ਓਥੇ, ਹੇ ਨਾਨਕ! ਪ੍ਰਭੂ ਦੇ ਨਾਮ ਦੀ ਬਰਖਾ ਹੁੰਦੀ ਹੈ (ਜੋ ਤਪਸ਼ ਨੂੰ ਬੁਝਾ ਦੇਂਦੀ ਹੈ) ॥੪॥
11724	264	ਭਗਤ ਜਨਾ ਕੀ ਬਰਤਨਿ ਨਾਮੁ॥		Bhagath Janaa Kee Barathan Naam ||	Unto the devotee, the Naam is an article of daily use.	ਪ੍ਰਭੂ-ਨਾਮ ਭਗਤਾਂ ਦਾ ਹੱਥ-ਠੋਕਾ ਹੈ,
11725	264	ਸੰਤ ਜਨਾ ਕੈ ਮਨਿ ਬਿਸ੍ਰਾਮੁ॥		Santh Janaa Kai Man Bisraam ||	The minds of the humble Saints are at peace.	ਭਗਤਾਂ ਦੇ ਹੀ ਮਨ ਵਿਚ ਇਹ ਟਿਕਿਆ ਰਹਿੰਦਾ ਹੈ।
11726	264	ਹਰਿ ਕਾ ਨਾਮੁ ਦਾਸ ਕੀ ਓਟ॥		Har Kaa Naam Dhaas Kee Outt ||	The Name of the Lord is the Support of His servants.	ਪ੍ਰਭੂ ਦਾ ਨਾਮ ਭਗਤਾਂ ਦਾ ਆਸਰਾ ਹੈ,
11727	264	ਹਰਿ ਕੈ ਨਾਮਿ ਉਧਰੇ ਜਨ ਕੋਟਿ॥		Har Kai Naam Oudhharae Jan Kott ||	By the Name of the Lord, millions have been saved.	ਪ੍ਰਭੂ-ਨਾਮ ਦੀ ਰਾਹੀਂ ਕਰੋੜਾਂ ਬੰਦੇ (ਵਿਕਾਰਾਂ ਤੋਂ) ਬਚ ਜਾਂਦੇ ਹਨ।

11728	264	ਹਰਿ ਜਸੁ ਕਰਤ ਸੰਤ ਦਿਨੁ ਰਾਤਿ॥		Har Jas Karath Santh Dhin Raath ||	The Saints chant the Praises of the Lord, day and night.	ਭਗਤ ਜਨ ਦਿਨ ਰਾਤ ਪ੍ਰਭੂ ਦੀ ਵਡਿਆਈ ਕਰਦੇ ਹਨ,
11729	264	ਹਰਿ ਹਰਿ ਅਉਖਧੁ ਸਾਧ ਕਮਾਤਿ॥		Har Har Aoukhadhh Saadhh Kamaath ||	Har, Har - the Lord's Name - the Holy use it as their healing medicine.	ਤੇ, ਪ੍ਰਭੂ-ਨਾਮ ਰੂਪੀ ਦਵਾਈ ਇਕੱਠੀ ਕਰਦੇ ਹਨ (ਜਿਸ ਨਾਲ ਹਉਮੈ ਰੋਗ ਦੂਰ ਹੁੰਦਾ ਹੈ)।
11730	264	ਹਰਿ ਜਨ ਕੈ ਹਰਿ ਨਾਮੁ ਨਿਧਾਨੁ॥		Har Jan Kai Har Naam Nidhhaan ||	The Lord's Name is the treasure of the Lord's servant.	ਭਗਤਾਂ ਦੇ ਪਾਸ ਪ੍ਰਭੂ ਦਾ ਨਾਮ ਹੀ ਖ਼ਜ਼ਾਨਾ ਹੈ,
11731	264	ਪਾਰਬ੍ਰਹਮਿ ਜਨ ਕੀਨੋ ਦਾਨ॥		Paarabreham Jan Keeno Dhaan ||	The Supreme Lord God has blessed His humble servant with this gift.	ਪ੍ਰਭੂ ਨੇ ਨਾਮ ਦੀ ਬਖ਼ਸ਼ਸ਼ ਆਪਣੇ ਸੇਵਕਾਂ ਤੇ ਆਪ ਕੀਤੀ ਹੈ।
11732	264	ਮਨ ਤਨ ਰੰਗਿ ਰਤੇ ਰੰਗ ਏਕੈ॥		Man Than Rang Rathae Rang Eaekai ||	Mind and body are imbued with ecstasy in the Love of the One Lord.	ਭਗਤ ਜਨ ਮਨੋਂ ਤਨੋਂ ਇਕ ਪ੍ਰਭੂ ਦੇ ਪਿਆਰ ਵਿਚ ਰੰਗੇ ਰਹਿੰਦੇ ਹਨ;
11733	264	ਨਾਨਕ ਜਨ ਕੈ ਬਿਰਤਿ ਬਿਬੇਕੈ॥੫॥		Naanak Jan Kai Birath Bibaekai ||5||	O Nanak, careful and discerning understanding is the way of the Lord's humble servant. ||5||	ਹੇ ਨਾਨਕ! ਭਗਤਾਂ ਦੇ ਅੰਦਰ ਚੰਗੇ ਮੰਦੇ ਦੀ ਪਰਖ ਕਰਨ ਵਾਲਾ ਸੁਭਾਉ ਬਣ ਜਾਂਦਾ ਹੈ ॥੫॥

11734	264	ਹਰਿ ਕਾ ਨਾਮੁ ਜਨ ਕਉ ਮੁਕਤਿ ਜੁਗਤਿ॥		Har Kaa Naam Jan Ko Mukath Jugath ||	The Name of the Lord is the path of liberation for His humble servants.	ਭਗਤ ਵਾਸਤੇ ਪ੍ਰਭੂ ਦਾ ਨਾਮ (ਹੀ) (ਮਾਇਆ ਦੇ ਬੰਧਨਾਂ ਤੋਂ) ਛੁਟਕਾਰੇ ਦਾ ਵਸੀਲਾ ਹੈ,
11735	264	ਹਰਿ ਕੈ ਨਾਮਿ ਜਨ ਕਉ ਤ੍ਰਿਪਤਿ ਭੁਗਤਿ॥		Har Kai Naam Jan Ko Thripath Bhugath ||	With the food of the Name of the Lord, His servants are satisfied.	(ਕਿਉਂਕਿ) ਪ੍ਰਭੂ ਦੇ ਨਾਮ ਦੀ ਰਾਹੀਂ ਭਗਤ (ਮਾਇਆ ਦੇ) ਭੋਗਾਂ ਵਲੋਂ ਰੱਜ ਜਾਂਦਾ ਹੈ।
11736	264	ਹਰਿ ਕਾ ਨਾਮੁ ਜਨ ਕਾ ਰੂਪ ਰੰਗੁ ॥		Har Kaa Naam Jan Kaa Roop Rang ||	The Name of the Lord is the beauty and delight of His servants.	ਪ੍ਰਭੂ ਦਾ ਨਾਮ ਭਗਤ ਦਾ ਸੋਹਜ ਸੁਹਣੱਪ ਹੈ,
11737	264	ਹਰਿ ਨਾਮੁ ਜਪਤ ਕਬ ਪਰੈ ਨ ਭੰਗੁ॥		Har Naam Japath Kab Parai N Bhang ||	Chanting the Lord's Name, one is never blocked by obstacles.	ਪ੍ਰਭੂ ਦਾ ਨਾਮ ਜਪਦਿਆਂ (ਭਗਤ ਦੇ ਰਾਹ ਵਿਚ) ਕਦੇ (ਕੋਈ) ਅਟਕਾਉ ਨਹੀਂ ਪੈਂਦਾ।
11738	264	ਹਰਿ ਕਾ ਨਾਮੁ ਜਨ ਕੀ ਵਡਿਆਈ॥		Har Kaa Naam Jan Kee Vaddiaaee ||	The Name of the Lord is the glorious greatness of His servants.	ਪ੍ਰਭੂ ਦਾ ਨਾਮ (ਹੀ) ਭਗਤ ਦੀ ਪਤ-ਇੱਜ਼ਤ ਹੈ,
11739	264	ਹਰਿ ਕੈ ਨਾਮਿ ਜਨ ਸੋਭਾ ਪਾਈ॥		Har Kai Naam Jan Sobhaa Paaee ||	Through the Name of the Lord, His servants obtain honor.	(ਕਿਉਂਕਿ) ਪ੍ਰਭੂ ਦੇ ਨਾਮ ਦੀ ਰਾਹੀਂ (ਹੀ) ਭਗਤਾਂ ਨੇ (ਜਗਤ ਵਿਚ) ਨਾਮਣਾ ਪਾਇਆ ਹੈ।
11740	265	ਹਰਿ ਕਾ ਨਾਮੁ ਜਨ ਕਉ ਭੋਗ ਜੋਗ॥		Har Kaa Naam Jan Ko Bhog Jog ||	The Name of the Lord is the enjoyment and Yoga of His servants.	(ਤਿਆਗੀ ਦਾ) ਜੋਗ (-ਸਾਧਨ) ਤੇ ਗ੍ਰਿਹਸਤੀ ਦਾ ਮਾਇਆ ਦਾ ਭੋਗ ਭਗਤ ਜਨ ਵਾਸਤੇ ਪ੍ਰਭੂ ਦਾ ਨਾਮ (ਹੀ) ਹੈ,

11741	265	ਹਰਿ ਨਾਮੁ ਜਪਤ ਕਛੁ ਨਾਹਿ ਬਿਓਗੁ॥		Har Naam Japath Kashh Naahi Bioug ||	Chanting the Lord's Name, there is no separation from Him.	ਪ੍ਰਭੂ ਦਾ ਨਾਮ ਜਪਦਿਆਂ (ਉਸ ਨੂੰ) ਕੋਈ ਦੁੱਖ ਕਲੇਸ਼ ਨਹੀਂ ਹੁੰਦਾ।
11742	265	ਜਨੁ ਰਾਤਾ ਹਰਿ ਨਾਮ ਕੀ ਸੇਵਾ॥		Jan Raathaa Har Naam Kee Saevaa ||	His servants are imbued with the service of the Lord's Name.	(ਪ੍ਰਭੂ ਦਾ) ਭਗਤ (ਸਦਾ) ਪ੍ਰਭੂ ਦੇ ਨਾਮ ਦੀ ਸੇਵਾ (ਸਿਮਰਨ) ਵਿਚ ਮਸਤ ਰਹਿੰਦਾ ਹੈ;
11743	265	ਨਾਨਕ ਪੂਜੈ ਹਰਿ ਹਰਿ ਦੇਵਾ॥੬॥	ਪੂੱਜੈ	Naanak Poojai Har Har Dhaevaa ||6||	O Nanak, worship the Lord, the Lord Divine, Har, Har. ||6||	ਹੇ ਨਾਨਕ! (ਭਗਤ ਸਦਾ) ਪ੍ਰਭੂ-ਦੇਵ ਨੂੰ ਪੂਜਦਾ ਹੈ ॥੬॥
11744	265	ਹਰਿ ਹਰਿ ਜਨ ਕੈ ਮਾਲੁ ਖਜੀਨਾ॥		Har Har Jan Kai Maal Khajeenaa ||	The Lord's Name, Har, Har, is the treasure of wealth of His servants.	ਪ੍ਰਭੂ ਦਾ ਨਾਮ ਭਗਤ ਦੇ ਵਾਸਤੇ ਮਾਲ ਧਨ ਹੈ,
11745	265	ਹਰਿ ਧਨੁ ਜਨ ਕਉ ਆਪਿ ਪ੍ਰਭਿ ਦੀਨਾ॥		Har Dhhan Jan Ko Aap Prabh Dheenaa ||	The treasure of the Lord has been bestowed on His servants by God Himself.	ਇਹ ਨਾਮ-ਰੂਪੀ ਧਨ ਪ੍ਰਭੂ ਨੇ ਆਪ ਆਪਣੇ ਭਗਤ ਨੂੰ ਦਿੱਤਾ ਹੈ।
11746	265	ਹਰਿ ਹਰਿ ਜਨ ਕੈ ਓਟ ਸਤਾਣੀ॥		Har Har Jan Kai Outt Sathaanee ||	The Lord, Har, Har is the All-powerful Protection of His servants.	ਭਗਤ ਵਾਸਤੇ ਪ੍ਰਭੂ ਦਾ ਨਾਮ (ਹੀ) ਤਕੜਾ ਆਸਰਾ ਹੈ,
11747	265	ਹਰਿ ਪ੍ਰਤਾਪਿ ਜਨ ਅਵਰ ਨ ਜਾਣੀ॥		Har Prathaap Jan Avar N Jaanee ||	His servants know no other than the Lord's Magnificence.	ਭਗਤਾਂ ਨੇ ਪ੍ਰਭੂ ਦੇ ਪ੍ਰਤਾਪ ਨਾਲ ਕਿਸੇ ਹੋਰ ਆਸਰੇ ਨੂੰ ਨਹੀਂ ਤੱਕਿਆ।

11748	265	ਓਤਿ ਪੋਤਿ ਜਨ ਹਰਿ ਰਸਿ ਰਾਤੇ॥	ਰ੍ਾਤੇ	Outh Poth Jan Har Ras Raathae ||	Through and through, His servants are imbued with the Lord's Love.	ਭਗਤ ਜਨ ਪ੍ਰਭੂ-ਨਾਮ-ਰਸ ਵਿਚ ਪੂਰੇ ਤੌਰ ਤੇ ਭਿੱਜੇ ਰਹਿੰਦੇ ਹਨ,
11749	265	ਸੁੰਨ ਸਮਾਧਿ ਨਾਮ ਰਸ ਮਾਤੇ॥	ਮ੍ਾਤੇ	Sunn Samaadhh Naam Ras Maathae ||	In deepest Samaadhi, they are intoxicated with the essence of the Naam.	(ਅਤੇ) ਨਾਮ-ਰਸ ਦੇ ਮੱਤੇ ਹੋਏ (ਮਨ ਦਾ ਉਹ) ਟਿਕਾਉ (ਮਾਣਦੇ ਹਨ) ਜਿਥੇ ਕੋਈ ਫੁਰਨਾ ਨਹੀਂ ਹੁੰਦਾ।
11750	265	ਆਠ ਪਹਰ ਜਨੁ ਹਰਿ ਹਰਿ ਜਪੈ॥		Aath Pehar Jan Har Har Japai ||	Twenty-four hours a day, His servants chant Har, Har.	(ਪ੍ਰਭੂ ਦਾ) ਭਗਤ ਅੱਠੇ ਪਹਰ ਪ੍ਰਭੂ ਨੂੰ ਜਪਦਾ ਹੈ,
11751	265	ਹਰਿ ਕਾ ਭਗਤੁ ਪ੍ਰਗਟ ਨਹੀ ਛਪੈ॥		Har Kaa Bhagath Pragatt Nehee Shhapai ||	The devotees of the Lord are known and respected; they do not hide in secrecy.	(ਜਗਤ ਵਿਚ) ਭਗਤ ਉੱਘਾ (ਹੋ ਜਾਂਦਾ ਹੈ) ਲੁਕਿਆ ਨਹੀਂ ਰਹਿੰਦਾ।
11752	265	ਹਰਿ ਕੀ ਭਗਤਿ ਮੁਕਤਿ ਬਹੁ ਕਰੇ॥		Har Kee Bhagath Mukath Bahu Karae ||	Through devotion to the Lord, many have been liberated.	ਪ੍ਰਭੂ ਦੀ ਭਗਤੀ ਬੇਅੰਤ ਜੀਵਾਂ ਨੂੰ (ਵਿਕਾਰਾਂ ਤੋਂ) ਖ਼ਲਾਸੀ ਦਿਵਾਉਂਦੀ ਹੈ;
11753	265	ਨਾਨਕ ਜਨ ਸੰਗਿ ਕੇਤੇ ਤਰੇ॥੭॥		Naanak Jan Sang Kaethae Tharae ||7||	O Nanak, along with His servants, many others are saved. ||7||	ਹੇ ਨਾਨਕ! ਭਗਤ ਦੀ ਸੰਗਤਿ ਵਿਚ ਕਈ ਹੋਰ (ਭੀ) ਤਰ ਜਾਂਦੇ ਹਨ ॥੭॥
11754	265	ਪਾਰਜਾਤੁ ਇਹੁ ਹਰਿ ਕੋ ਨਾਮ॥		Paarajaath Eihu Har Ko Naam ||	This Elysian Tree of miraculous powers is the Name of the Lord.	ਪ੍ਰਭੂ ਦਾ ਇਹ ਨਾਮ (ਹੀ) "ਪਾਰਜਾਤ" ਰੁੱਖ ਹੈ,

11755	265	ਕਾਮਧੇਨ ਹਰਿ ਹਰਿ ਗੁਣ ਗਾਮ॥		Kaamadhhaen Har Har Gun Gaam ||	The Khaamadhayn, the cow of miraculous powers, is the singing of the Glory of the Lord's Name, Har, Har.	ਪ੍ਰਭੂ ਦੇ ਗੁਣ ਗਾਉਣੇ (ਹੀ ਇੱਛਾ-ਪੂਰਕ) "ਕਾਮਧੇਨ" ਹੈ।
11756	265	ਸਭ ਤੇ ਊਤਮ ਹਰਿ ਕੀ ਕਥਾ॥		Sabh Thae Ootham Har Kee Kathhaa ||	Highest of all is the Lord's Speech.	ਪ੍ਰਭੂ ਦੀਆਂ (ਸਿਫ਼ਤ-ਸਾਲਾਹ ਦੀਆਂ) ਗੱਲਾਂ (ਹੋਰ) ਸਭ (ਗੱਲਾਂ) ਤੋਂ ਚੰਗੀਆਂ ਹਨ,
11757	265	ਨਾਮੁ ਸੁਨਤ ਦਰਦ ਦੁਖ ਲਥਾ॥	ਸੁਨਤ: ਪੋਲਾ ਬੋਲੋ, ਲੱਥਾ	Naam Sunath Dharadh Dhukh Lathhaa ||	Hearing the Naam, pain and sorrow are removed.	(ਕਿਉਂਕਿ ਪ੍ਰਭੂ ਦਾ) ਨਾਮ ਸੁਣਿਆਂ ਸਾਰੇ ਦੁਖ ਦਰਦ ਲਹਿ ਜਾਂਦੇ ਹਨ।
11758	265	ਨਾਮ ਕੀ ਮਹਿਮਾ ਸੰਤ ਰਿਦ ਵਸੈ॥		Naam Kee Mehimaa Santh Ridh Vasai ||	The Glory of the Naam abides in the hearts of His Saints.	(ਪ੍ਰਭੂ ਦੇ) ਨਾਮ ਦੀ ਵਡਿਆਈ ਸੰਤਾਂ ਦੇ ਹਿਰਦੇ ਵਿਚ ਵੱਸਦੀ ਹੈ,
11759	265	ਸੰਤ ਪ੍ਰਤਾਪਿ ਦੁਰਤੁ ਸਭੁ ਨਸੈ॥	ਦੁਰ-ਤੁ। ਨੱਸੈ	Santh Prathaap Dhurath Sabh Nasai ||	By the Saint's kind intervention, all guilt is dispelled.	(ਅਤੇ) ਸੰਤਾਂ ਦੇ ਪ੍ਰਤਾਪ ਨਾਲ ਸਾਰਾ ਪਾਪ ਦੂਰ ਹੋ ਜਾਂਦਾ ਹੈ।
11760	265	ਸੰਤ ਕਾ ਸੰਗੁ ਵਡਭਾਗੀ ਪਾਈਐ॥		Santh Kaa Sang Vaddabhaagee Paaeeai ||	The Society of the Saints is obtained by great good fortune.	ਵੱਡੇ ਭਾਗਾਂ ਨਾਲ ਸੰਤਾਂ ਦੀ ਸੰਗਤਿ ਮਿਲਦੀ ਹੈ,
11761	265	ਸੰਤ ਕੀ ਸੇਵਾ ਨਾਮੁ ਧਿਆਈਐ॥		Santh Kee Saevaa Naam Dhhiaaeeai ||	Serving the Saint, one meditates on the Naam.	(ਅਤੇ) ਸੰਤਾਂ ਦੀ ਸੇਵਾ (ਕੀਤਿਆਂ) (ਪ੍ਰਭੂ ਦਾ) ਨਾਮ ਸਿਮਰੀਦਾ ਹੈ।
11762	265	ਨਾਮ ਤੁਲਿ ਕਛੁ ਅਵਰੁ ਨ ਹੋਇ॥	ਤੁੱਲਿ	Naam Thul Kashh Avar N Hoe ||	There is nothing equal to the Naam.	ਪ੍ਰਭੂ-ਨਾਮ ਦੇ ਬਰਾਬਰ ਹੋਰ ਕੋਈ (ਪਦਾਰਥ) ਨਹੀਂ,

11763	265	ਨਾਨਕ ਗੁਰਮੁਖਿ ਨਾਮੁ ਪਾਵੈ ਜਨੁ ਕੋਇ॥੮॥੨॥		Naanak Guramukh Naam Paavai Jan Koe ||8||2||	O Nanak, rare are those, who, as Gurmukh, obtain the Naam. ||8||2||	ਹੇ ਨਾਨਕ! ਗੁਰੂ ਦੇ ਸਨਮੁਖ ਹੋ ਕੇ ਕੋਈ ਵਿਰਲਾ ਮਨੁੱਖ ਨਾਮ (ਦੀ ਦਾਤਿ) ਲੱਭਦਾ ਹੈ ॥੮॥੨॥
11764	265	ਸਲੋਕੁ॥		Salok ||	Shalok:	
11765	265	ਬਹੁ ਸਾਸਤ੍ਰ ਬਹੁ ਸਿਮ੍ਰਿਤੀ ਪੇਖੇ ਸਰਬ ਢਢੋਲਿ॥	ਸਿਮ੍ਰਿਤੀ	Bahu Saasathr Bahu Simrithee Paekhae Sarab Dtadtol ||	The many Shaastras and the many Simritees - I have seen and searched through them all.	ਬਹੁਤ ਸ਼ਾਸਤ੍ਰ ਤੇ ਬਹੁ ਸਿੰਮ੍ਰਿਤੀਆਂ, ਸਾਰੇ (ਅਸਾਂ) ਖੋਜ ਕੇ ਵੇਖੇ ਹਨ; (ਇਹ ਪੁਸਤਕ ਕਈ ਤਰ੍ਹਾਂ ਦੀ ਗਿਆਨ-ਚਰਚਾ ਤੇ ਕਈ ਧਾਰਮਿਕ ਤੇ ਭਾਈਚਾਰਕ ਰਸਮਾਂ ਸਿਖਾਉਂਦੇ ਹਨ)
11766	265	ਪੂਜਸਿ ਨਾਹੀ ਹਰਿ ਹਰੇ ਨਾਨਕ ਨਾਮ ਅਮੋਲ॥੧॥		Poojas Naahee Har Harae Naanak Naam Amol ||1||	They are not equal to Har, Haray - O Nanak, the Lord's Invaluable Name. ||1||	(ਪਰ ਇਹ) ਅਕਾਲ ਪੁਰਖ ਦੇ ਨਾਮ ਦੀ ਬਰਾਬਰੀ ਨਹੀਂ ਕਰ ਸਕਦੇ। ਹੇ ਨਾਨਕ! (ਪ੍ਰਭੂ ਦੇ) ਨਾਮ ਦਾ ਮੁੱਲ ਨਹੀਂ ਪਾਇਆ ਜਾ ਸਕਦਾ ॥੧॥
11767	265	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	
11768	265	ਜਾਪ ਤਾਪ ਗਿਆਨ ਸਭਿ ਧਿਆਨ॥		Jaap Thaap Giaan Sabh Dhhiaan ||	Chanting, intense meditation, spiritual wisdom and all meditations;	(ਜੇ ਕੋਈ) (ਵੇਦ-ਮੰਤ੍ਰਾਂ ਦੇ) ਜਾਪ ਕਰੇ, (ਸਰੀਰ ਨੂੰ ਧੂਣੀਆਂ ਨਾਲ) ਤਪਾਏ, (ਹੋਰ) ਕਈ ਗਿਆਨ (ਦੀਆਂ ਗੱਲਾਂ ਕਰੇ) ਤੇ (ਦੇਵਤਿਆਂ ਦੇ) ਧਿਆਨ ਧਰੇ,

11769	265	ਖਟ ਸਾਸਤ੍ਰ ਸਿਮ੍ਰਿਤਿ ਵਖਿਆਨ॥	ਖਟ: ਪੋਲਾ ਬੋਲੋ। ਸਿਮ-ਿ ਤ੍ਰਿ: ਮ ਮੁਕਤਾ ਬੋਲੋ, ਅੱਧੇ ਰਾਰੇ ਨੂੰ ਸਿਹਾਰੀ ਲਾ ਕੇ ਪੋਲਾ ਬੋਲੋ ਸਿਹਾਰੀ ਤ ਲਾਉ	Khatt Saasathr Simrith Vakhiaan ||	The six schools of philosophy and sermons on the scriptures;	ਛੇ ਸ਼ਾਸਤ੍ਰਾਂ ਤੇ ਸਿਮ੍ਰਿਤੀਆਂ ਦਾ ਉਪਦੇਸ਼ ਕਰੇ;
11770	265	ਜੋਗ ਅਭਿਆਸ ਕਰਮ ਧ੍ਰਮ ਕਿਰਿਆ॥		Jog Abhiaas Karam Dhhram Kiriaa ||	The practice of Yoga and righteous conduct;	ਜੋਗ ਦੇ ਸਾਧਨ ਕਰੇ, ਕਰਮ ਕਾਂਡੀ ਧਰਮ ਦੀ ਕ੍ਰਿਆ ਕਰੇ,
11771	265	ਸਗਲ ਤਿਆਗਿ ਬਨ ਮਧੇ ਫਿਰਿਆ॥	ਮਧੇ: ਪੋਲਾ ਬੋਲੋ	Sagal Thiaag Ban Madhhae Firiaa ||	The renunciation of everything and wandering around in the wilderness;	(ਜਾਂ) ਸਾਰੇ (ਕੰਮ) ਛੱਡ ਕੇ ਜੰਗਲਾਂ ਵਿਚ ਭਉਂਦਾ ਫਿਰੇ;
11772	265	ਅਨਿਕ ਪ੍ਰਕਾਰ ਕੀਏ ਬਹੁ ਜਤਨਾ॥		Anik Prakaar Keeeae Bahu Jathanaa ||	The performance of all sorts of works;	ਅਨੇਕਾਂ ਕਿਸਮਾਂ ਦੇ ਬੜੇ ਜਤਨ ਕਰੇ,
11773	265	ਪੁੰਨ ਦਾਨ ਹੋਮੇ ਬਹੁ ਰਤਨਾ॥		Punn Dhaan Homae Bahu Rathanaa ||	Donations to charities and offerings of jewels to fire;	ਪੁੰਨਦਾਨ ਕਰੇ ਤੇ ਬਹੁਤ ਸਾਰਾ ਘਿਉ ਹਵਨ ਕਰੇ,
11774	265	ਸਰੀਰੁ ਕਟਾਇ ਹੋਮੈ ਕਰਿ ਰਾਤੀ॥		Sareer Kattaae Homai Kar Raathee ||	Cutting the body apart and making the pieces into ceremonial fire offerings;	ਆਪਣੇ ਸਰੀਰ ਨੂੰ ਰਤੀ ਰਤੀ ਕਰ ਕੇ ਕਟਾਵੇ ਤੇ ਅੱਗ ਵਿਚ ਸਾੜ ਦੇਵੇ,

11775	265	ਵਰਤ ਨੇਮ ਕਰੈ ਬਹੁ ਭਾਤੀ॥		Varath Naem Karai Bahu Bhaathee ||	Keeping fasts and making vows of all sorts	ਕਈ ਕਿਸਮਾਂ ਦੇ ਵਰਤਾਂ ਦੇ ਬੰਧੇਜ ਕਰੇ;
11776	265	ਨਹੀ ਤੁਲਿ ਰਾਮ ਨਾਮ ਬੀਚਾਰ॥		Nehee Thul Raam Naam Beechaar ||	- none of these are equal to the contemplation of the Name of the Lord,	(ਪਰ ਇਹ ਸਾਰੇ ਹੀ) ਪ੍ਰਭੂ ਦੇ ਨਾਮ ਦੀ ਵਿਚਾਰ ਦੇ ਬਰਾਬਰ ਨਹੀਂ ਹਨ,
11777	265	ਨਾਨਕ ਗੁਰਮੁਖਿ ਨਾਮੁ ਜਪੀਐ ਇਕ ਬਾਰ॥੧॥		Naanak Guramukh Naam Japeeai Eik Baar ||1||	O Nanak, if, as Gurmukh, one chants the Naam, even once. ||1||	(ਭਾਵੇਂ) ਹੇ ਨਾਨਕ! ਇਹ ਨਾਮ ਇਕ ਵਾਰੀ (ਭੀ) ਗੁਰੂ ਦੇ ਸਨਮੁਖ ਹੋ ਕੇ ਜਪਿਆ ਜਾਏ ॥੧॥
11778	265	ਨਉ ਖੰਡ ਪ੍ਰਿਥਮੀ ਫਿਰੈ ਚਿਰੁ ਜੀਵੈ॥	ਪ੍ਰਿਥਮੀ	No Khandd Prithhamee Firai Chir Jeevai ||	You may roam over the nine continents of the world and live a very long life;	(ਜੇ ਕੋਈ ਮਨੁੱਖ) ਸਾਰੀ ਧਰਤੀ ਤੇ ਫਿਰੇ, ਲੰਮੀ ਉਮਰ ਤਕ ਜੀਊਂਦਾ ਰਹੇ,
11779	265	ਮਹਾ ਉਦਾਸੁ ਤਪੀਸਰੁ ਥੀਵੈ॥		Mehaa Oudhaas Thapeesar Thheevai ||	You may become a great ascetic and a master of disciplined meditation	(ਜਗਤ ਵਲੋਂ) ਬਹੁਤ ਉਪਰਾਮ ਹੋ ਕੇ ਵੱਡਾ ਤਪੀ ਬਣ ਜਾਏ;
11780	265	ਅਗਨਿ ਮਾਹਿ ਹੋਮਤ ਪਰਾਨ॥		Agan Maahi Homath Paraan ||	And burn yourself in fire;	ਅੱਗ ਵਿਚ (ਆਪਣੀ) ਜਿੰਦ ਹਵਨ ਕਰ ਦੇਵੇ;
11781	265	ਕਨਿਕ ਅਸ੍ਵ ਹੈਵਰ ਭੂਮਿ ਦਾਨ॥	ਅਸ੍ਵ ਵਾਵਾ ਅੱਧਾ ਜਾਣਕੇ, ਵਾਵਾ: ਪੋਲਾ ਬੋਲੋ	Kanik Asv Haivar Bhoom Dhaan ||	You may give away gold, horses, elephants and land;	ਸੋਨਾ, ਘੋੜੇ, ਵਧੀਆ ਘੋੜੇ ਤੇ ਜ਼ਿਮੀਂ ਦਾਨ ਕਰੇ;

11782	265	ਨਿਉਲੀ ਕਰਮ ਕਰੈ ਬਹੁ ਆਸਨ॥	ਨਿਉੱਲੀ	Nioulee Karam Karai Bahu Aasan ||	You may practice techniques of inner cleansing and all sorts of Yogic postures;	ਨਿਉਲੀ ਕਰਮ ਤੇ ਹੋਰ ਬਹੁਤ ਸਾਰੇ (ਯੋਗ) ਆਸਨ ਕਰੇ,
11783	265	ਜੈਨ ਮਾਰਗ ਸੰਜਮ ਅਤਿ ਸਾਧਨ॥		Jain Maarag Sanjam Ath Saadhhan ||	You may adopt the self-mortifying ways of the Jains and great spiritual disciplines;	ਜੈਨੀਆਂ ਦੇ ਰਸਤੇ (ਚੱਲ ਕੇ) ਬੜੇ ਕਠਿਨ ਸਾਧਨ ਤੇ ਸੰਜਮ ਕਰੇ;
11784	265	ਨਿਮਖ ਨਿਮਖ ਕਰਿ ਸਰੀਰੁ ਕਟਾਵੈ॥		Nimakh Nimakh Kar Sareer Kattaavai ||	Piece by piece, you may cut your body apart;	ਸਰੀਰ ਨੂੰ ਰਤਾ ਰਤਾ ਕਰ ਕੇ ਕਟਾ ਦੇਵੇ,
11785	265	ਤਉ ਭੀ ਹਉਮੈ ਮੈਲੁ ਨ ਜਾਵੈ॥		Tho Bhee Houmai Mail N Jaavai ||	But even so, the filth of your ego shall not depart.	ਤਾਂ ਭੀ (ਮਨ ਦੀ) ਹਉਮੈ ਦੀ ਮੈਲ ਦੂਰ ਨਹੀਂ ਹੁੰਦੀ।
11786	265	ਹਰਿ ਕੇ ਨਾਮ ਸਮਸਰਿ ਕਛੁ ਨਾਹਿ॥		Har Kae Naam Samasar Kashh Naahi ||	There is nothing equal to the Name of the Lord.	(ਅਜੇਹਾ) ਕੋਈ (ਉੱਦਮ) ਪ੍ਰਭੂ ਦੇ ਨਾਮ ਦੇ ਬਰਾਬਰ ਨਹੀਂ ਹੈ;
11787	265	ਨਾਨਕ ਗੁਰਮੁਖਿ ਨਾਮੁ ਜਪਤ ਗਤਿ ਪਾਹਿ॥੨॥		Naanak Guramukh Naam Japath Gath Paahi ||2||	O Nanak, as Gurmukh, chant the Naam, and obtain salvation. ||2||	ਹੇ ਨਾਨਕ! ਜੋ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਨਾਮ ਜਪਦੇ ਹਨ ਉਹ ਉੱਚੀ ਆਤਮਕ ਅਵਸਥਾ ਹਾਸਲ ਕਰਦੇ ਹਨ ॥੨॥

11788	265	ਮਨ ਕਾਮਨਾ ਤੀਰਥ ਦੇਹ ਛੁਟੈ॥	ਛੁੱਟੈ	Man Kaamanaa Theerathh Dhaeh Shhuttai ||	With your mind filled with desire, you may give up your body at a sacred shrine of pilgrimage;	(ਕਈ ਪ੍ਰਾਣੀਆਂ ਦੇ) ਮਨ ਦੀ ਇੱਛਾ (ਹੁੰਦੀ ਹੈ ਕਿ) ਤੀਰਥਾਂ ਤੇ (ਜਾ ਕੇ) ਸਰੀਰਕ ਚੋਲਾ ਛੱਡਿਆ ਜਾਏ,
11789	265	ਗਰਬੁ ਗੁਮਾਨੁ ਨ ਮਨ ਤੇ ਹੁਟੈ॥	ਹੁੱਟੈ	Garab Gumaan N Man Thae Huttai ||	But even so, egotistical pride shall not be removed from your mind.	(ਪਰ ਇਸ ਤਰ੍ਹਾਂ ਭੀ) ਹਉਮੈ ਅਹੰਕਾਰ ਮਨ ਵਿਚੋਂ ਘਟਦਾ ਨਹੀਂ।
11790	265	ਸੋਚ ਕਰੈ ਦਿਨਸੁ ਅਰੁ ਰਾਤਿ॥		Soch Karai Dhinas Ar Raath ||	You may practice cleansing day and night,	(ਮਨੁੱਖ) ਦਿਨ ਤੇ ਰਾਤ (ਭਾਵ, ਸਦਾ) (ਤੀਰਥਾਂ ਤੇ) ਇਸ਼ਨਾਨ ਕਰੇ,
11791	265	ਮਨ ਕੀ ਮੈਲੁ ਨ ਤਨ ਤੇ ਜਾਤਿ॥		Man Kee Mail N Than Thae Jaath ||	But the filth of your mind shall not leave your body.	(ਫੇਰ ਭੀ) ਮਨ ਦੀ ਮੈਲ ਸਰੀਰ ਧੋਤਿਆਂ ਨਹੀਂ ਜਾਂਦੀ।
11792	265	ਇਸੁ ਦੇਹੀ ਕਉ ਬਹੁ ਸਾਧਨਾ ਕਰੈ॥		Eis Dhaehee Ko Bahu Saadhhanaa Karai ||	You may subject your body to all sorts of disciplines,	(ਜੇ) ਇਸ ਸਰੀਰ ਨੂੰ (ਸਾਧਨ ਦੀ ਖ਼ਾਤਰ) ਕਈ ਜਤਨ ਭੀ ਕਰੇ,
11793	265	ਮਨ ਤੇ ਕਬਹੂ ਨ ਬਿਖਿਆ ਟਰੈ॥		Man Thae Kabehoo N Bikhiaa Ttarai ||	But your mind will never be rid of its corruption.	(ਤਾਂ ਭੀ) ਕਦੇ ਮਨ ਤੋਂ ਮਾਇਆ (ਦਾ ਪ੍ਰਭਾਵ) ਨਹੀਂ ਟਲਦਾ।
11794	265	ਜਲਿ ਧੋਵੈ ਬਹੁ ਦੇਹ ਅਨੀਤਿ॥		Jal Dhhovai Bahu Dhaeh Aneeth ||	You may wash this transitory body with loads of water,	(ਜੇ) ਇਸ ਨਾਸਵੰਤ ਸਰੀਰ ਨੂੰ ਕਈ ਵਾਰ ਪਾਣੀ ਨਾਲ ਭੀ ਧੋਵੇ,
11795	265	ਸੁਧ ਕਹਾ ਹੋਇ ਕਾਚੀ ਭੀਤਿ॥	ਸੁੱਧ	Sudhh Kehaa Hoe Kaachee Bheeth ||	But how can a wall of mud be washed clean?	(ਤਾਂ ਭੀ ਇਹ ਸਰੀਰ ਰੂਪੀ) ਕੱਚੀ ਕੰਧ ਕਿਥੇ ਪਵਿਤ੍ਰ ਹੋ ਸਕਦੀ ਹੈ?

11796	265	ਮਨ ਹਰਿ ਕੇ ਨਾਮ ਕੀ ਮਹਿਮਾ ਊਚ॥		Man Har Kae Naam Kee Mehimaa Ooch ||	O my mind, the Glorious Praise of the Name of the Lord is the highest;	ਹੇ ਮਨ! ਪ੍ਰਭੂ ਦੇ ਨਾਮ ਦੀ ਵਡਿਆਈ ਬਹੁਤ ਵੱਡੀ ਹੈ।
11797	265	ਨਾਨਕ ਨਾਮਿ ਉਧਰੇ ਪਤਿਤ ਬਹੁ ਮੂਚ॥੩॥		Naanak Naam Oudhharae Pathith Bahu Mooch ||3||	O Nanak, the Naam has saved so many of the worst sinners. ||3||	ਹੇ ਨਾਨਕ! ਨਾਮ ਦੀ ਬਰਕਤਿ ਨਾਲ ਅਣਗਿਣਤ ਮੰਦ-ਕਰਮੀ ਜੀਵ (ਵਿਕਾਰਾਂ ਤੋਂ) ਬਚ ਜਾਂਦੇ ਹਨ ॥੩॥
11798	265	ਬਹੁਤੁ ਸਿਆਣਪ ਜਮ ਕਾ ਭਉ ਬਿਆਪੈ॥		Bahuth Siaanap Jam Kaa Bho Biaapai ||	Even with great cleverness, the fear of death clings to you.	(ਜੀਵ ਦੀ) ਬਹੁਤੀ ਚਤੁਰਾਈ (ਦੇ ਕਾਰਣ) ਜਮਾਂ ਦਾ ਡਰ (ਜੀਵ ਨੂੰ) ਆ ਦਬਾਂਦਾ ਹੈ,
11799	266	ਅਨਿਕ ਜਤਨ ਕਰਿ ਤ੍ਰਿਸਨ ਨਾ ਧ੍ਰਾਪੈ॥		Anik Jathan Kar Thrisan Naa Dhhraapai ||	You try all sorts of things, but your thirst is still not satisfied.	(ਕਿਉਂਕਿ ਚਤੁਰਾਈ ਦੇ) ਅਨੇਕਾਂ ਜਤਨ ਕੀਤਿਆਂ (ਮਾਇਆ ਦੀ) ਤ੍ਰਿਹ ਨਹੀਂ ਮੁੱਕਦੀ।
11800	266	ਭੇਖ ਅਨੇਕ ਅਗਨਿ ਨਹੀ ਬੁਝੈ॥	ਬੁਝੈ: ਪੋਲਾ ਬੋਲੋ	Bhaekh Anaek Agan Nehee Bujhai ||	Wearing various religious robes, the fire is not extinguished.	ਅਨੇਕਾਂ (ਧਾਰਮਿਕ) ਭੇਖ ਕੀਤਿਆਂ (ਤ੍ਰਿਸ਼ਨਾ ਦੀ) ਅੱਗ ਨਹੀਂ ਬੁੱਝਦੀ,
11801	266	ਕੋਟਿ ਉਪਾਵ ਦਰਗਹ ਨਹੀ ਸਿਝੈ॥	ਸਿੱਝੈ	Kott Oupaav Dharageh Nehee Sijhai ||	Even making millions of efforts, you shall not be accepted in the Court of the Lord.	(ਇਹੋ ਜਿਹੇ) ਕ੍ਰੋੜਾਂ ਤਰੀਕੇ (ਵਰਤਿਆਂ ਭੀ ਪ੍ਰਭੂ ਦੀ) ਦਰਗਾਹ ਵਿਚ ਸੁਰਖ਼ਰੂ ਨਹੀਂ ਹੋਈਦਾ।

11802	266	ਛੂਟਸਿ ਨਾਹੀ ਊਭ ਪਇਆਲਿ॥	ਪ-ਇਆਲਿ	Shhoottas Naahee Oobh Paeiaal ||	You cannot escape to the heavens, or to the nether regions,	(ਇਹਨਾਂ ਜਤਨਾਂ ਨਾਲ) ਜੀਵ ਚਾਹੇ ਅਕਾਸ਼ ਤੇ ਚੜ੍ਹ ਜਾਏ, ਚਾਹੇ ਪਤਾਲ ਵਿਚ ਲੁਕ ਜਾਏ,
11803	266	ਮੋਹਿ ਬਿਆਪਹਿ ਮਾਇਆ ਜਾਲਿ॥	ਬਿਆਪ-ਹਿ	Mohi Biaapehi Maaeiaa Jaal ||	If you are entangled in emotional attachment and the net of Maya.	(ਮਾਇਆ ਤੋਂ) ਬਚ ਨਹੀਂ ਸਕਦਾ, (ਸਗੋਂ) ਜੀਵ ਮਾਇਆ ਦੇ ਜਾਲ ਵਿਚ ਤੇ ਮੋਹ ਵਿਚ ਫਸਦੇ ਹਨ।
11804	266	ਅਵਰ ਕਰਤੂਤਿ ਸਗਲੀ ਜਮੁ ਡਾਨੈ॥	ਡਾੱਨੈ	Avar Karathooth Sagalee Jam Ddaanai ||	All other efforts are punished by the Messenger of Death,	(ਨਾਮ ਤੋਂ ਬਿਨਾ) ਹੋਰ ਸਾਰੀਆਂ ਕਰਤੂਤਾਂ ਨੂੰ ਜਮਰਾਜ ਡੰਨ ਲਾਂਦਾ ਹੈ,
11805	266	ਗੋਵਿੰਦ ਭਜਨ ਬਿਨੁ ਤਿਲੁ ਨਹੀ ਮਾਨੈ॥		Govindh Bhajan Bin Thil Nehee Maanai ||	Which accepts nothing at all, except meditation on the Lord of the Universe.	ਪ੍ਰਭੂ ਦੇ ਭਜਨ ਤੋਂ ਬਿਨਾਂ ਰਤਾ ਭੀ ਨਹੀਂ ਪਤੀਜਦਾ।
11806	266	ਹਰਿ ਕਾ ਨਾਮੁ ਜਪਤ ਦੁਖੁ ਜਾਇ॥		Har Kaa Naam Japath Dhukh Jaae ||	Chanting the Name of the Lord, sorrow is dispelled.	(ਜੋ ਮਨੁੱਖ) ਹਰਿ-ਨਾਮ ਉਚਾਰਦਾ ਹੈ ਉਸ ਦਾ ਦੁੱਖ (ਪ੍ਰਭੂ ਦਾ ਨਾਮ ਜਪਦਿਆਂ) ਦੂਰ ਹੋ ਜਾਂਦਾ ਹੈ)
11807	266	ਨਾਨਕ ਬੋਲੈ ਸਹਜਿ ਸੁਭਾਇ॥੪॥	ਸਹ-ਜਿ	Naanak Bolai Sehaj Subhaae ||4||	O Nanak, chant it with intuitive ease. ||4||	ਹੇ ਨਾਨਕ! (ਜਦੋਂ ਉਹ) ਆਤਮਕ ਅਡੋਲਤਾ ਵਿਚ ਟਿਕ ਕੇ ਪ੍ਰੇਮ ਨਾਲ (ਹਰਿ-ਨਾਮ) ਉਚਾਰਦਾ ਹੈ ॥੪॥
11808	266	ਚਾਰਿ ਪਦਾਰਥ ਜੇ ਕੋ ਮਾਗੈ॥		Chaar Padhaarathh Jae Ko Maagai ||	One who prays for the four cardinal blessings	ਜੇ ਕੋਈ ਮਨੁੱਖ (ਧਰਮ, ਅਰਥ, ਕਾਮ, ਮੋਖ) ਚਾਰ ਪਦਾਰਥਾਂ ਦਾ ਲੋੜਵੰਦ ਹੋਵੇ,
11809	266	ਸਾਧ ਜਨਾ ਕੀ ਸੇਵਾ ਲਾਗੈ॥		Saadhh Janaa Kee Saevaa Laagai ||	Should commit himself to the service of the Saints.	(ਤਾਂ ਉਸ ਨੂੰ ਚਾਹੀਦਾ ਹੈ ਕਿ) ਗੁਰਮੁਖਾਂ ਦੀ ਸੇਵਾ ਵਿਚ ਲੱਗੇ।

11810	266	ਜੇ ਕੋ ਆਪੁਨਾ ਦੂਖੁ ਮਿਟਾਵੈ॥		Jae Ko Aapunaa Dhookh Mittaavai ||	If you wish to erase your sorrows,	ਜੇ ਕੋਈ ਮਨੁੱਖ ਆਪਣਾ ਦੁੱਖ ਮਿਟਾਣਾ ਚਾਹੇ,
11811	266	ਹਰਿ ਹਰਿ ਨਾਮੁ ਰਿਦੈ ਸਦ ਗਾਵੈ॥		Har Har Naam Ridhai Sadh Gaavai ||	Sing the Name of the Lord, Har, Har, within your heart.	ਤਾਂ ਪ੍ਰਭੂ ਦਾ ਨਾਮ ਸਦਾ ਹਿਰਦੇ ਵਿਚ ਸਿਮਰੇ।
11812	266	ਜੇ ਕੋ ਅਪੁਨੀ ਸੋਭਾ ਲੋਰੈ॥		Jae Ko Apunee Sobhaa Lorai ||	If you long for honor for yourself,	ਜੇ ਕੋਈ ਮਨੁੱਖ ਆਪਣੀ ਸੋਭਾ ਚਾਹੁੰਦਾ ਹੋਵੇ ਹੈ,
11813	266	ਸਾਧਸੰਗਿ ਇਹ ਹਉਮੈ ਛੋਰੈ॥		Saadhhasang Eih Houmai Shhorai ||	Then renounce your ego in the Saadh Sangat, the Company of the Holy.	ਤਾਂ ਸਤਸੰਗ ਵਿਚ (ਰਹਿ ਕੇ) ਇਸ ਹਉਮੈ ਦਾ ਤਿਆਗ ਕਰੇ।
11814	266	ਜੇ ਕੋ ਜਨਮ ਮਰਣ ਤੇ ਡਰੈ॥		Jae Ko Janam Maran Thae Ddarai ||	If you fear the cycle of birth and death,	ਜੇ ਕੋਈ ਮਨੁੱਖ ਜਨਮ ਮਰਨ (ਦੇ ਗੇੜ) ਤੋਂ ਡਰਦਾ ਹੋਵੇ,
11815	266	ਸਾਧ ਜਨਾ ਕੀ ਸਰਨੀ ਪਰੈ॥		Saadhh Janaa Kee Saranee Parai ||	Then seek the Sanctuary of the Holy.	ਤਾਂ ਉਹ ਸੰਤਾਂ ਦੀ ਚਰਨੀਂ ਲੱਗੇ।
11816	266	ਜਿਸੁ ਜਨ ਕਉ ਪ੍ਰਭ ਦਰਸ ਪਿਆਸਾ॥		Jis Jan Ko Prabh Dharas Piaasaa ||	Those who thirst for the Blessed Vision of God's Darshan	ਜਿਸ ਮਨੁੱਖ ਨੂੰ ਪ੍ਰਭੂ ਦੇ ਦੀਦਾਰ ਦੀ ਤਾਂਘ ਹੈ,
11817	266	ਨਾਨਕ ਤਾ ਕੈ ਬਲਿ ਬਲਿ ਜਾਸਾ॥੫॥		Naanak Thaa Kai Bal Bal Jaasaa ||5||	- Nanak is a sacrifice, a sacrifice to them. ||5||	ਹੇ ਨਾਨਕ! (ਆਖ ਕਿ) ਮੈਂ ਉਸ ਤੋਂ ਸਦਾ ਸਦਕੇ ਜਾਵਾਂ ॥੫॥

11818	266	ਸਗਲ ਪੁਰਖ ਮਹਿ ਪੁਰਖੁ ਪ੍ਰਧਾਨੁ॥		Sagal Purakh Mehi Purakh Pradhhaan ||	Among all persons, the supreme person is the one	(ਉਹ) ਮਨੁੱਖ ਸਾਰੇ ਮਨੁੱਖਾਂ ਵਿਚੋਂ ਵੱਡਾ ਹੈ,
11819	266	ਸਾਧਸੰਗਿ ਜਾ ਕਾ ਮਿਟੈ ਅਭਿਮਾਨੁ॥		Saadhhasang Jaa Kaa Mittai Abhimaan ||	Who gives up his egotistical pride in the Company of the Holy.	ਸਤ ਸੰਗ ਵਿਚ (ਰਹਿ ਕੇ) ਜਿਸ ਮਨੁੱਖ ਦਾ ਅਹੰਕਾਰ ਮਿਟ ਜਾਂਦਾ ਹੈ।
11820	266	ਆਪਸ ਕਉ ਜੋ ਜਾਣੈ ਨੀਚਾ॥		Aapas Ko Jo Jaanai Neechaa ||	One who sees himself as lowly,	ਜੋ ਮਨੁੱਖ ਆਪਣੇ ਆਪ ਨੂੰ (ਸਾਰਿਆਂ ਨਾਲੋਂ) ਮੰਦ-ਕਰਮੀ ਖ਼ਿਆਲ ਕਰਦਾ ਹੈ,
11821	266	ਸੋਊ ਗਨੀਐ ਸਭ ਤੇ ਊਚਾ॥		Sooo Ganeeai Sabh Thae Oochaa ||	Shall be accounted as the highest of all.	ਉਸ ਨੂੰ ਸਾਰਿਆਂ ਨਾਲੋਂ ਚੰਗਾ ਸਮਝਣਾ ਚਾਹੀਦਾ ਹੈ।
11822	266	ਜਾ ਕਾ ਮਨੁ ਹੋਇ ਸਗਲ ਕੀ ਰੀਨਾ॥		Jaa Kaa Man Hoe Sagal Kee Reenaa ||	One whose mind is the dust of all,	ਜਿਸ ਮਨੁੱਖ ਦਾ ਮਨ ਸਭਨਾਂ ਦੇ ਚਰਨਾਂ ਦੀ ਧੂੜ ਹੁੰਦਾ ਹੈ (ਭਾਵ, ਜੋ ਸਭ ਨਾਲ ਗਰੀਬੀ-ਸੁਭਾਉ ਵਰਤਦਾ ਹੈ)
11823	266	ਹਰਿ ਹਰਿ ਨਾਮੁ ਤਿਨਿ ਘਟਿ ਘਟਿ ਚੀਨਾ॥		Har Har Naam Thin Ghatt Ghatt Cheenaa ||	Recognizes the Name of the Lord, Har, Har, in each and every heart.	ਉਸ ਮਨੁੱਖ ਨੇ ਹਰੇਕ ਸਰੀਰ ਵਿਚ ਪ੍ਰਭੂ ਦੀ ਸੱਤਾ ਪਛਾਣ ਲਈ ਹੈ।
11824	266	ਮਨ ਅਪੁਨੇ ਤੇ ਬੁਰਾ ਮਿਟਾਨਾ॥		Man Apunae Thae Buraa Mittaanaa ||	One who eradicates cruelty from within his own mind,	ਜਿਸ ਨੇ ਆਪਣੇ ਮਨ ਵਿਚੋਂ ਬੁਰਾਈ ਮਿਟਾ ਦਿੱਤੀ ਹੈ,
11825	266	ਪੇਖੈ ਸਗਲ ਸ੍ਰਿਸਟਿ ਸਾਜਨਾ॥	ਸਾ੍ਰਿਸਟਿ	Paekhai Sagal Srisatt Saajanaa ||	Looks upon all the world as his friend.	ਉਹ ਸਾਰੀ ਸ੍ਰਿਸ਼ਟੀ (ਦੇ ਜੀਵਾਂ ਨੂੰ ਆਪਣਾ) ਮਿਤ੍ਰ ਵੇਖਦਾ ਹੈ।

11826	266	ਸੂਖ ਦੂਖ ਜਨ ਸਮ ਦ੍ਰਿਸਟੇਤਾ॥	ਦ੍ਰਿਸਟੇਤਾ	Sookh Dhookh Jan Sam Dhrisattaethaa ||	One who looks upon pleasure and pain as one and the same,	(ਇਹੋ ਜਿਹੇ) ਮਨੁੱਖ ਸੁਖਾਂ ਤੇ ਦੁਖਾਂ ਨੂੰ ਇਕੋ ਜਿਹਾ ਸਮਝਦੇ ਹਨ,
11827	266	ਨਾਨਕ ਪਾਪ ਪੁੰਨ ਨਹੀ ਲੇਪਾ॥੬॥	ਲੇਪਾ: ਕਸਕੇ	Naanak Paap Punn Nehee Laepaa ||6||	O Nanak, is not affected by sin or virtue. ||6||	ਹੇ ਨਾਨਕ! (ਤਾਹੀਏਂ) ਪਾਪ ਤੇ ਪੁੰਨ ਦਾ ਉਹਨਾਂ ਉਤੇ ਅਸਰ ਨਹੀਂ ਹੁੰਦਾ (ਭਾਵ, ਨਾਹ ਕੋਈ ਮੰਦਾ ਕਰਮ ਉਹਨਾਂ ਦੇ ਮਨ ਨੂੰ ਫਸਾ ਸਕਦਾ ਹੈ, ਤੇ ਨਾਹ ਹੀ ਸੁਰਗ ਆਦਿਕ ਦਾ ਲਾਲਚ ਕਰ ਕੇ ਜਾਂ ਦੁੱਖ ਕਲੇਸ਼ ਤੋਂ ਡਰ ਕੇ ਉਹ ਪੁੰਨ ਕਰਮ ਕਰਦੇ ਹਨ, ਉਹਨਾਂ ਦਾ ਸੁਭਾਵ ਹੀ ਨੇਕੀ ਕਰਨਾ ਬਣ ਜਾਂਦਾ ਹੈ) ॥੬॥
11828	266	ਨਿਰਧਨ ਕਉ ਧਨੁ ਤੇਰੋ ਨਾਉ॥		Niradhhan Ko Dhhan Thaero Naao ||	To the poor, Your Name is wealth.	(ਹੇ ਪ੍ਰਭੂ) ਕੰਗਾਲ ਵਾਸਤੇ ਤੇਰਾ ਨਾਮ ਹੀ ਧਨ ਹੈ,
11829	266	ਨਿਥਾਵੇ ਕਉ ਨਾਉ ਤੇਰਾ ਥਾਉ॥		Nithhaavae Ko Naao Thaeraa Thhaao ||	To the homeless, Your Name is home.	ਨਿਆਸਰੇ ਨੂੰ ਤੇਰਾ ਆਸਰਾ ਹੈ।
11830	266	ਨਿਮਾਨੇ ਕਉ ਪ੍ਰਭ ਤੇਰੋ ਮਾਨੁ॥		Nimaanae Ko Prabh Thaero Maan ||	To the dishonored, You, O God, are honor.	ਨਿਮਾਣੇ ਵਾਸਤੇ ਤੇਰਾ (ਨਾਮ), ਹੇ ਪ੍ਰਭੂ! ਆਦਰ ਮਾਣ ਹੈ,
11831	266	ਸਗਲ ਘਟਾ ਕਉ ਦੇਵਹੁ ਦਾਨੁ॥		Sagal Ghattaa Ko Dhaevahu Dhaan ||	To all, You are the Giver of gifts.	ਤੂੰ ਸਾਰੇ ਜੀਵਾਂ ਨੂੰ ਦਾਤਾਂ ਦੇਂਦਾ ਹੈਂ।

11832	266	ਕਰਨ ਕਰਾਵਨਹਾਰ ਸੁਆਮੀ॥		Karan Karaavanehaar Suaamee ||	O Creator Lord, Cause of causes, O Lord and Master,	ਤੂੰ ਆਪ ਹੀ ਸਭ ਕੁਝ ਕਰਦਾ ਹੈਂ, ਤੇ, ਆਪ ਹੀ ਕਰਾਉਂਦਾ ਹੈਂ।
11833	266	ਸਗਲ ਘਟਾ ਕੇ ਅੰਤਰਜਾਮੀ॥		Sagal Ghattaa Kae Antharajaamee ||	Inner-knower, Searcher of all hearts:	ਹੇ ਸੁਆਮੀ! ਹੇ ਸਾਰੇ ਪ੍ਰਾਣੀਆਂ ਦੇ ਦਿਲ ਦੀ ਜਾਣਨ ਵਾਲੇ!
11834	266	ਅਪਨੀ ਗਤਿ ਮਿਤਿ ਜਾਨਹੁ ਆਪੇ॥		Apanee Gath Mith Jaanahu Aapae ||	You alone know Your own condition and state.	ਹੇ ਪ੍ਰਭੂ! ਤੂੰ ਆਪਣੀ ਹਾਲਤ ਤੇ ਆਪਣੀ (ਵਡਿਆਈ ਦੀ) ਮਰਯਾਦਾ ਆਪ ਹੀ ਜਾਣਦਾ ਹੈਂ;
11835	266	ਆਪਨ ਸੰਗਿ ਆਪਿ ਪ੍ਰਭ ਰਾਤੇ॥		Aapan Sang Aap Prabh Raathae ||	You Yourself, God, are imbued with Yourself.	ਤੂੰ ਆਪਣੇ ਆਪ ਵਿਚ ਆਪ ਹੀ ਮਗਨ ਹੈਂ।
11836	266	ਤੁਮ੍ਰੀ ਉਸਤਤਿ ਤੁਮ ਤੇ ਹੋਇ॥		Thumharee Ousathath Thum Thae Hoe ||	You alone can celebrate Your Praises.	(ਹੇ ਪ੍ਰਭੂ!) ਤੇਰੀ ਵਡਿਆਈ ਤੈਥੋਂ ਹੀ (ਬਿਆਨ) ਹੋ ਸਕਦੀ ਹੈ,
11837	266	ਨਾਨਕ ਅਵਰੁ ਨ ਜਾਨਸਿ ਕੋਇ॥੭॥		Naanak Avar N Jaanas Koe ||7||	O Nanak, no one else knows. ||7||	ਹੇ ਨਾਨਕ! (ਆਖ, ਕਿ) ਕੋਈ ਹੋਰ ਤੇਰੀ ਵਡਿਆਈ ਨਹੀਂ ਜਾਣਦਾ ॥੭॥
11838	266	ਸਰਬ ਧਰਮ ਮਹਿ ਸ੍ਰੇਸਟ ਧਰਮੁ॥		Sarab Dhharam Mehi Sraesatt Dhharam ||	Of all religions, the best religion	(ਹੇ ਮਨ!) ਇਹ ਧਰਮ ਸਾਰੇ ਧਰਮਾਂ ਨਾਲੋਂ ਚੰਗਾ ਹੈ-
11839	266	ਹਰਿ ਕੋ ਨਾਮੁ ਜਪਿ ਨਿਰਮਲ ਕਰਮੁ॥		Har Ko Naam Jap Niramal Karam ||	Is to chant the Name of the Lord and maintain pure conduct.	ਪ੍ਰਭੂ ਦਾ ਨਾਮ ਜਪ (ਤੇ) ਪਵਿਤ੍ਰ ਆਚਰਣ (ਬਣਾ)।

11840	266	ਸਗਲ ਕ੍ਰਿਆ ਮਹਿ ਊਤਮ ਕਿਰਿਆ॥		Sagal Kiraaa Mehi Ootham Kiriaa ||	Of all religious rituals, the most sublime ritual	ਇਹ ਕੰਮ ਹੋਰ ਸਾਰੀਆਂ ਧਾਰਮਿਕ ਰਸਮਾਂ ਨਾਲੋਂ ਉੱਤਮ ਹੈ-
11841	266	ਸਾਧਸੰਗਿ ਦੁਰਮਤਿ ਮਲੁ ਹਿਰਿਆ॥		Saadhhasang Dhuramath Mal Hiriaa ||	Is to erase the filth of the dirty mind in the Company of the Holy.	ਸਤਸੰਗ ਵਿਚ (ਰਹਿ ਕੇ) ਭੈੜੀ ਮਤਿ (ਰੂਪ) ਮੈਲ ਦੂਰ ਕੀਤੀ ਜਾਏ।
11842	266	ਸਗਲ ਉਦਮ ਮਹਿ ਉਦਮੁ ਭਲਾ॥		Sagal Oudham Mehi Oudham Bhalaa ||	Of all efforts, the best effort	ਇਹ ਉੱਦਮ (ਹੋਰ) ਸਾਰੇ ਉੱਦਮਾਂ ਨਾਲੋਂ ਭਲਾ ਹੈ-
11843	266	ਹਰਿ ਕਾ ਨਾਮੁ ਜਪਹੁ ਜੀਅ ਸਦਾ॥		Har Kaa Naam Japahu Jeea Sadhaa ||	Is to chant the Name of the Lord in the heart, forever.	ਹੇ ਮਨ! ਸਦਾ ਪ੍ਰਭੂ ਦਾ ਨਾਮ ਜਪ।
11844	266	ਸਗਲ ਬਾਨੀ ਮਹਿ ਅੰਮ੍ਰਿਤ ਬਾਨੀ॥		Sagal Baanee Mehi Anmrith Baanee ||	Of all speech, the most ambrosial speech	(ਪ੍ਰਭੂ ਦੇ ਜਸ ਦੀ) ਆਤਮਕ ਜੀਵਨ ਦੇਣ ਵਾਲੀ ਬਾਣੀ ਹੋਰ ਸਭ ਬਾਣੀਆਂ ਨਾਲੋਂ ਸੁੰਦਰ ਹੈ-
11845	266	ਹਰਿ ਕੋ ਜਸੁ ਸੁਨਿ ਰਸਨ ਬਖਾਨੀ॥		Har Ko Jas Sun Rasan Bakhaanee ||	Is to hear the Lord's Praise and chant it with the tongue.	ਪ੍ਰਭੂ ਦਾ ਜਸ (ਕੰਨਾਂ ਨਾਲ) ਸੁਣ (ਤੇ) ਜੀਭ ਨਾਲ ਬੋਲ।
11846	266	ਸਗਲ ਥਾਨ ਤੇ ਓਹੁ ਊਤਮ ਥਾਨੁ॥		Sagal Thhaan Thae Ouhu Ootham Thhaan ||	Of all places, the most sublime place,	ਉਹ (ਹਿਰਦਾ-ਰੂਪ) ਥਾਂ ਹੋਰ ਸਾਰੇ (ਤੀਰਥ) ਅਸਥਾਨਾਂ ਤੋਂ ਪਵਿਤ੍ਰ ਹੈ-

11847	266	ਨਾਨਕ ਜਿਹ ਘਟਿ ਵਸੈ ਹਰਿ ਨਾਮੁ॥੮॥੩॥		Naanak Jih Ghatt Vasai Har Naam ||8||3||	O Nanak, is that heart in which the Name of the Lord abides. ||8||3||	ਹੇ ਨਾਨਕ! ਜਿਸ ਹਿਰਦੇ ਵਿਚ ਪ੍ਰਭੂ ਦਾ ਨਾਮ ਵੱਸਦਾ ਹੈ ॥੮॥੩॥
11848	266	ਸਲੋਕੁ॥		Salok ||	Shalok:	
11849	266	ਨਿਰਗੁਨੀਆਰ ਇਆਨਿਆ ਸੋ ਪ੍ਰਭੁ ਸਦਾ ਸਮਾਲਿ ॥	ਨਿਰਗੁਨੀਆਰ	Niraguneeaar Eiaaniaa So Prabh Sadhaa Samaal ||	You worthless, ignorant fool - dwell upon God forever.	ਹੇ ਅੰਞਾਣ! ਹੇ ਗੁਣ-ਹੀਨ (ਮਨੁੱਖ)! ਉਸ ਮਾਲਕ ਨੂੰ ਸਦਾ ਯਾਦ ਕਰ।
11850	266	ਜਿਨਿ ਕੀਆ ਤਿਸੁ ਚੀਤਿ ਰਖੁ ਨਾਨਕ ਨਿਬਹੀ ਨਾਲਿ॥੧॥		Jin Keeaa This Cheeth Rakh Naanak Nibehee Naal ||1||	Cherish in your consciousness the One who created you; O Nanak, He alone shall go along with you. ||1||	ਹੇ ਨਾਨਕ! ਜਿਸ ਨੇ ਤੈਨੂੰ ਪੈਦਾ ਕੀਤਾ ਹੈ, ਉਸ ਨੂੰ ਚਿੱਤ ਵਿਚ (ਪ੍ਰੋ) ਰੱਖ, ਉਹੀ (ਤੇਰੇ) ਨਾਲ ਸਾਥ ਨਿਬਾਹੇਗਾ ॥੧॥
11851	266	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ।	Asattapadhee ||	Ashtapadee:	
11852	266	ਰਮਈਆ ਕੇ ਗੁਨ ਚੇਤਿ ਪਰਾਨੀ॥	ਰ-ਮਈਆ	Rameeaa Kae Gun Chaeth Paraanee ||	Think of the Glory of the All-pervading Lord, O mortal;	ਹੇ ਜੀਵ! ਸੋਹਣੇ ਰਾਮ ਦੇ ਗੁਣ ਯਾਦ ਕਰ,
11853	266	ਕਵਨ ਮੂਲ ਤੇ ਕਵਨ ਦ੍ਰਿਸਟਾਨੀ॥		Kavan Mool Thae Kavan Dhrisattaanee ||	What is your origin, and what is your appearance?	(ਵੇਖ) ਕਿਸ ਮੁੱਢ ਤੋਂ (ਤੈਨੂੰ) ਕੇਹਾ (ਸੋਹਣਾ ਬਣਾ ਕੇ ਉਸ ਨੇ) ਵਿਖਾਇਆ ਹੈ।

11854	266	ਜਿਨਿ ਤੂੰ ਸਾਜਿ ਸਵਾਰਿ ਸੀਗਾਰਿਆ॥		Jin Thoon Saaj Savaar Seegaariaa ||	He who fashioned, adorned and decorated you	ਜਿਸ ਪ੍ਰਭੂ ਨੇ ਤੈਨੂੰ ਬਣਾ ਸਵਾਰ ਕੇ ਸੋਹਣਾ ਕੀਤਾ ਹੈ,
11855	266	ਗਰਭ ਅਗਨਿ ਮਹਿ ਜਿਨਹਿ ਉਬਾਰਿਆ ॥		Garabh Agan Mehi Jinehi Oubaariaa ||	In the fire of the womb, He preserved you.	ਜਿਸ ਨੇ ਤੈਨੂੰ ਪੇਟ ਦੀ ਅੱਗ ਵਿਚ (ਭੀ) ਬਚਾਇਆ;
11856	266	ਬਾਰ ਬਿਵਸਥਾ ਤੁਝਹਿ ਪਿਆਰੈ ਦੂਧ॥		Baar Bivasathhaa Thujhehi Piaarai Dhoodhh ||	In your infancy, He gave you milk to drink.	ਜੋ ਬਾਲ ਉਮਰ ਵਿਚ ਤੈਨੂੰ ਦੁੱਧ ਪਿਆਲਦਾ ਹੈ,
11857	266	ਭਰਿ ਜੋਬਨ ਭੋਜਨ ਸੁਖ ਸੂਧ॥		Bhar Joban Bhojan Sukh Soodhh ||	In the flower of your youth, He gave you food, pleasure and understanding.	ਭਰ-ਜੁਆਨੀ ਵਿਚ ਭੋਜਨ ਤੇ ਸੁਖਾਂ ਦੀ ਸੂਝ (ਦੇਂਦਾ ਹੈ);
11858	266	ਬਿਰਧਿ ਭਇਆ ਊਪਰਿ ਸਾਕ ਸੈਨ॥		Biradhh Bhaeiaa Oopar Saak Sain ||	As you grow old, family and friends	(ਜਦੋਂ ਤੂੰ) ਬੁੱਢਾ ਹੋ ਜਾਂਦਾ ਹੈਂ (ਤਾਂ) ਸੇਵਾ ਕਰਨ ਨੂੰ ਸਾਕ-ਸੱਜਣ (ਤਿਆਰ ਕਰ ਦੇਂਦਾ ਹੈਂ)
11859	267	ਮੁਖਿ ਅਪਿਆਉ ਬੈਠ ਕਉ ਦੈਨ॥	ਅਪਿ-ਆਉ	Mukh Apiaao Baith Ko Dhain ||	Are there to feed you as you rest.	ਜੋ ਬੈਠੇ ਹੋਏ ਨੂੰ ਮੂੰਹ ਵਿਚ ਚੰਗੇ ਭੋਜਨ ਦੇਂਦੇ ਹਨ, (ਉਸ ਪ੍ਰਭੂ ਨੂੰ ਚੇਤੇ ਕਰ)।
11860	267	ਇਹੁ ਨਿਰਗੁਨੁ ਗੁਨੁ ਕਛੂ ਨ ਬੂਝੈ॥		Eihu Niragun Gun Kashhoo N Boojhai ||	This worthless person has not appreciated in the least, all the good deeds done for him.	(ਪਰ) (ਹੇ ਪ੍ਰਭੂ!) ਇਹ ਗੁਣ-ਹੀਣ ਜੀਵ (ਤੇਰਾ) ਕੋਈ ਉਪਕਾਰ ਨਹੀਂ ਸਮਝਦਾ,

11861	267	ਬਖਸਿ ਲੇਹੁ ਤਉ ਨਾਨਕ ਸੀਝੈ॥੧॥		Bakhas Laehu Tho Naanak Seejhai ||1||	If you bless him with forgiveness, O Nanak, only then will he be saved. ||1||	ਹੇ ਨਾਨਕ! (ਆਖ) (ਜੇ) ਤੂੰ ਆਪਿ ਮੇਹਰ ਕਰੇਂ, ਤਾਂ (ਇਹ ਜਨਮ-ਮਨੋਰਥ ਵਿਚ) ਸਫਲ ਹੋਵੇ ॥੧॥
11862	267	ਜਿਹ ਪ੍ਰਸਾਦਿ ਧਰ ਊਪਰਿ ਸੁਖਿ ਬਸਹਿ॥		Jih Prasaadh Dhhar Oopar Sukh Basehi ||	By His Grace, you abide in comfort upon the earth.	(ਹੇ ਜੀਵ!) ਜਿਸ (ਪ੍ਰਭੂ) ਦੀ ਕ੍ਰਿਪਾ ਨਾਲ ਤੂੰ ਧਰਤੀ ਉਤੇ ਸੁਖੀ ਵੱਸਦਾ ਹੈਂ,
11863	267	ਸੁਤ ਭ੍ਰਾਤ ਮੀਤ ਬਨਿਤਾ ਸੰਗਿ ਹਸਹਿ॥	ਬਨਿ-ਤਾਹੱਸ-ਹਿ	Suth Bhraath Meeth Banithaa Sang Hasehi ||	With your children, siblings, friends and spouse, you laugh.	ਪੁਤ੍ਰ ਭਰਾ ਮਿਤ੍ਰ ਇਸਤ੍ਰੀ ਨਾਲ ਹੱਸਦਾ ਹੈਂ;
11864	267	ਜਿਹ ਪ੍ਰਸਾਦਿ ਪੀਵਹਿ ਸੀਤਲ ਜਲਾ॥		Jih Prasaadh Peevehi Seethal Jalaa ||	By His Grace, you drink in cool water.	ਜਿਸ ਦੀ ਮੇਹਰ ਨਾਲ ਤੂੰ ਠੰਢਾ ਪਾਣੀ ਪੀਂਦਾ ਹੈਂ,
11865	267	ਸੁਖਦਾਈ ਪਵਨੁ ਪਾਵਕੁ ਅਮੁਲਾ॥	ਅਮੁੱਲਾ	Sukhadhaaee Pavan Paavak Amulaa ||	You have peaceful breezes and priceless fire.	ਸੁਖ ਦੇਣ ਵਾਲੀ ਹਵਾ ਤੇ ਅਮੋਲਕ ਅੱਗ (ਵਰਤਦਾ ਹੈਂ);
11866	267	ਜਿਹ ਪ੍ਰਸਾਦਿ ਭੋਗਹਿ ਸਭਿ ਰਸਾ॥		Jih Prasaadh Bhogehi Sabh Rasaa ||	By His Grace, you enjoy all sorts of pleasures.	ਜਿਸ ਦੀ ਕਿਰਪਾ ਨਾਲ ਸਾਰੇ ਰਸ ਭੋਗਦਾ ਹੈਂ,
11867	267	ਸਗਲ ਸਮਗ੍ਰੀ ਸੰਗਿ ਸਾਥਿ ਬਸਾ॥	ਸਮੱਗ੍ਰੀ, ਬਸਾ: ਪੋਲਾ ਬੋਲੋ	Sagal Samagree Sang Saathh Basaa ||	You are provided with all the necessities of life.	ਸਾਰੇ ਪਦਾਰਥਾਂ ਦੇ ਨਾਲ ਤੂੰ ਰਹਿੰਦਾ ਹੈਂ (ਭਾਵ, ਸਾਰੇ ਪਦਾਰਥ ਵਰਤਣ ਲਈ ਤੈਨੂੰ ਮਿਲਦੇ ਹਨ);

11868	267	ਦੀਨੇ ਹਸਤ ਪਾਵ ਕਰਨ ਨੇਤ੍ਰ ਰਸਨਾ॥		Dheenae Hasath Paav Karan Naethr Rasanaa ||	He gave you hands, feet, ears, eyes and tongue,	(ਜਿਸ ਨੇ) ਤੈਨੂੰ ਹੱਥ ਪੈਰ ਕੰਨ ਅੱਖਾਂ ਜੀਭ ਦਿੱਤੇ ਹਨ,
11869	267	ਤਿਸਹਿ ਤਿਆਗਿ ਅਵਰ ਸੰਗਿ ਰਚਨਾ॥		Thisehi Thiaag Avar Sang Rachanaa ||	And yet, you forsake Him and attach yourself to others.	ਉਸ (ਪ੍ਰਭੂ) ਨੂੰ ਵਿਸਾਰ ਕੇ (ਹੇ ਜੀਵ!) ਤੂੰ ਹੋਰਨਾਂ ਨਾਲ ਮਗਨ ਹੈਂ।
11870	267	ਐਸੇ ਦੋਖ ਮੂੜ ਅੰਧ ਬਿਆਪੇ॥		Aisae Dhokh Moorr Andhh Biaapae ||	Such sinful mistakes cling to the blind fools;	(ਇਹ) ਮੂਰਖ ਅੰਨ੍ਹੇ ਜੀਵ (ਭਲਾਈ ਵਿਸਾਰਨ ਵਾਲੇ) ਇਹੋ ਜਿਹੇ ਔਗੁਣਾਂ ਵਿਚ ਫਸੇ ਹੋਏ ਹਨ।
11871	267	ਨਾਨਕ ਕਾਢਿ ਲੇਹੁ ਪ੍ਰਭ ਆਪੇ॥੨॥		Naanak Kaadt Laehu Prabh Aapae ||2||	Nanak: uplift and save them, God! ||2||	ਹੇ ਨਾਨਕ! (ਇਹਨਾਂ ਜੀਵਾਂ ਵਾਸਤੇ ਅਰਦਾਸ ਕਰ, ਤੇ ਆਖ)-ਹੇ ਪ੍ਰਭੂ! (ਇਹਨਾਂ ਨੂੰ) ਆਪ (ਇਹਨਾਂ ਔਗੁਣਾਂ ਵਿਚੋਂ) ਕੱਢ ਲੈ ॥੨॥
11872	267	ਆਦਿ ਅੰਤਿ ਜੋ ਰਾਖਨਹਾਰੁ॥		Aadh Anth Jo Raakhanehaar ||	From beginning to end, He is our Protector,	ਜੋ (ਇਸ ਦੇ) ਜਨਮ ਤੋਂ ਲੈ ਕੇ ਮਰਨ ਸਮੇਂ ਤਕ (ਇਸ ਦੀ) ਰਾਖੀ ਕਰਨ ਵਾਲਾ ਹੈ,
11873	267	ਤਿਸ ਸਿਉ ਪ੍ਰੀਤਿ ਨ ਕਰੈ ਗਵਾਰੁ॥		This Sio Preeth N Karai Gavaar ||	And yet, the ignorant do not give their love to Him.	ਮੂਰਖ ਮਨੁੱਖ ਉਸ ਪ੍ਰਭੂ ਨਾਲ ਪਿਆਰ ਨਹੀਂ ਕਰਦਾ।
11874	267	ਜਾ ਕੀ ਸੇਵਾ ਨਵ ਨਿਧਿ ਪਾਵੈ॥		Jaa Kee Saevaa Nav Nidhh Paavai ||	Serving Him, the nine treasures are obtained,	ਜਿਸ ਦੀ ਸੇਵਾ ਕੀਤਿਆਂ (ਇਸ ਨੂੰ ਸ੍ਰਿਸ਼ਟੀ ਦੇ) ਨੌ ਹੀ ਖ਼ਜ਼ਾਨੇ ਮਿਲ ਜਾਂਦੇ ਹਨ,

11875	267	ਤਾ ਸਿਉ ਮੂੜਾ ਮਨੁ ਨਹੀ ਲਾਵੈ॥		Thaa Sio Moorraa Man Nehee Laavai ||	And yet, the foolish do not link their minds with Him.	ਮੂਰਖ ਜੀਵ ਉਸ ਪ੍ਰਭੂ ਨਾਲ ਚਿੱਤ ਨਹੀਂ ਜੋੜਦਾ।
11876	267	ਜੋ ਠਾਕੁਰੁ ਸਦ ਸਦਾ ਹਜੂਰੇ॥		Jo Thaakur Sadh Sadhaa Hajoorae ||	Our Lord and Master is Ever-present, forever and ever,	ਜੋ ਹਰ ਵੇਲੇ ਇਸ ਦੇ ਅੰਗ-ਸੰਗ ਹੈ,
11877	267	ਤਾ ਕਉ ਅੰਧਾ ਜਾਨਤ ਦੂਰੇ॥		Thaa Ko Andhhaa Jaanath Dhoorae ||	And yet, the spiritually blind believe that He is far away.	ਅੰਨ੍ਹਾ ਮਨੁੱਖ ਉਸ ਠਾਕੁਰ ਨੂੰ (ਕਿਤੇ) ਦੂਰ (ਬੈਠਾ) ਸਮਝਦਾ ਹੈ।
11878	267	ਜਾ ਕੀ ਟਹਲ ਪਾਵੈ ਦਰਗਹ ਮਾਨੁ॥		Jaa Kee Ttehal Paavai Dharageh Maan ||	In His service, one obtains honor in the Court of the Lord,	ਜਿਸ ਦੀ ਟਹਲ ਕੀਤਿਆਂ ਇਸ ਨੂੰ (ਪ੍ਰਭੂ ਦੀ) ਦਰਗਾਹ ਵਿਚ ਆਦਰ ਮਿਲਦਾ ਹੈ,
11879	267	ਤਿਸਹਿ ਬਿਸਾਰੈ ਮੁਗਧੁ ਅਜਾਨੁ॥		Thisehi Bisaarai Mugadhh Ajaan ||	And yet, the ignorant fool forgets Him.	ਮੂਰਖ ਤੇ ਅੰਞਾਣ ਜੀਵ ਉਸ ਪ੍ਰਭੂ ਨੂੰ ਵਿਸਾਰ ਬੈਠਦਾ ਹੈ।
11880	267	ਸਦਾ ਸਦਾ ਇਹੁ ਭੂਲਨਹਾਰੁ॥		Sadhaa Sadhaa Eihu Bhoolanehaar ||	Forever and ever, this person makes mistakes;	(ਪਰ ਕੇਹੜਾ ਕੇਹੜਾ ਔਗੁਣ ਚਿਤਾਰੀਏ?) ਇਹ ਜੀਵ (ਤਾਂ) ਸਦਾ ਹੀ ਭੁੱਲਾਂ ਕਰਦਾ ਰਹਿੰਦਾ ਹੈ;
11881	267	ਨਾਨਕ ਰਾਖਨਹਾਰੁ ਅਪਾਰੁ॥੩॥		Naanak Raakhanehaar Apaar ||3||	O Nanak, the Infinite Lord is our Saving Grace. ||3||	ਹੇ ਨਾਨਕ! ਰੱਖਿਆ ਕਰਨ ਵਾਲਾ ਪ੍ਰਭੂ ਬੇਅੰਤ ਹੈ (ਉਹ ਇਸ ਜੀਵ ਦੇ ਔਗੁਣਾਂ ਵਲ ਨਹੀਂ ਤੱਕਦਾ) ॥੩॥

11882	267	ਰਤਨੁ ਤਿਆਗਿ ਕਉਡੀ ਸੰਗਿ ਰਚੈ॥		Rathan Thiaag Kouddee Sang Rachai ||	Forsaking the jewel, they are engrossed with a shell.	(ਮਾਇਆ-ਧਾਰੀ ਜੀਵ) (ਨਾਮ-) ਰਤਨ ਛੱਡ ਕੇ (ਮਾਇਆ-ਰੂਪ) ਕਉਡੀ ਨਾਲ ਖ਼ੁਸ਼ ਫਿਰਦਾ ਹੈ।
11883	267	ਸਾਚੁ ਛੋਡਿ ਝੂਠ ਸੰਗਿ ਮਚੈ॥	ਮੱਚੈ	Saach Shhodd Jhooth Sang Machai ||	They renounce Truth and embrace falsehood.	ਸੱਚੇ (ਪ੍ਰਭੂ) ਨੂੰ ਛੱਡ ਕੇ ਨਾਸਵੰਤ (ਪਦਾਰਥਾਂ) ਨਾਲ ਭੂਹੇ ਹੁੰਦਾ ਹੈ।
11884	267	ਜੋ ਛਡਨਾ ਸੁ ਅਸਥਿਰੁ ਕਰਿ ਮਾਨੈ॥		Jo Shhaddanaa S Asathhir Kar Maanai ||	That which passes away, they believe to be permanent.	ਜੋ (ਮਾਇਆ) ਛੱਡ ਜਾਣੀ ਹੈ, ਉਸ ਨੂੰ ਸਦਾ ਅਟੱਲ ਸਮਝਦਾ ਹੈ;
11885	267	ਜੋ ਹੋਵਨੁ ਸੋ ਦੂਰਿ ਪਰਾਨੈ॥		Jo Hovan So Dhoor Paraanai ||	That which is immanent, they believe to be far off.	ਜੋ (ਮੌਤ) ਜ਼ਰੂਰ ਵਾਪਰਨੀ ਹੈ, ਉਸ ਨੂੰ (ਕਿਤੇ) ਦੂਰ (ਬੈਠੀ) ਖ਼ਿਆਲ ਕਰਦਾ ਹੈ।
11886	267	ਛੋਡਿ ਜਾਇ ਤਿਸ ਕਾ ਸ੍ਰਮੁ ਕਰੈ॥		Shhodd Jaae This Kaa Sram Karai ||	They struggle for what they must eventually leave.	ਉਸ (ਧਨ ਪਦਾਰਥ) ਦੀ ਖ਼ਾਤਰ (ਨਿੱਤ) ਖੇਚਲ ਕਰਦਾ (ਫਿਰਦਾ) ਹੈ ਜੋ (ਅੰਤ) ਛੱਡ ਜਾਣੀ ਹੈ;
11887	267	ਸੰਗਿ ਸਹਾਈ ਤਿਸੁ ਪਰਹਰੈ॥		Sang Sehaaee This Pareharai ||	They turn away from the Lord, their Help and Support, who is always with them.	ਜੋ (ਪ੍ਰਭੂ) (ਇਸ) ਨਾਲ ਰਾਖਾ ਹੈ ਉਸ ਨੂੰ ਵਿਸਾਰ ਬੈਠਾ ਹੈ।
11888	267	ਚੰਦਨ ਲੇਪੁ ਉਤਾਰੈ ਧੋਇ॥		Chandhan Laep Outhaarai Dhhoe ||	They wash off the sandalwood paste;	(ਜਿਵੇਂ ਖੋਤਾ) ਚੰਦਨ ਦਾ ਲੇਪ ਧੋ ਕੇ ਲਾਹ ਦੇਂਦਾ ਹੈ,
11889	267	ਗਰਧਬ ਪ੍ਰੀਤਿ ਭਸਮ ਸੰਗਿ ਹੋਇ॥		Garadhhab Preeth Bhasam Sang Hoe ||	Like donkeys, they are in love with the mud.	(ਕਿਉਂਕਿ) ਖੋਤੇ ਦਾ ਪਿਆਰ (ਸਦਾ) ਸੁਆਹ ਨਾਲ (ਹੀ) ਹੁੰਦਾ ਹੈ।

11890	267	ਅੰਧ ਕੂਪ ਮਹਿ ਪਤਿਤ ਬਿਕਰਾਲ॥	ਪਤਿਤ	Andhh Koop Mehi Pathith Bikaraal ||	They have fallen into the deep, dark pit.	(ਜੀਵ ਮਾਇਆ ਦੇ ਪਿਆਰ ਕਰ ਕੇ) ਹਨੇਰੇ ਭਿਆਨਕ ਖੂਹ ਵਿਚ ਡਿੱਗੇ ਪਏ ਹਨ;
11891	267	ਨਾਨਕ ਕਾਢਿ ਲੇਹੁ ਪ੍ਰਭ ਦਇਆਲ॥੪॥	ਦ-ਇਆਲ	Naanak Kaadt Laehu Prabh Dhaeiaal ||4||	Nanak: lift them up and save them, O Merciful Lord God! ||4||	ਹੇ ਨਾਨਕ! (ਅਰਦਾਸ ਕਰ ਤੇ ਆਖ) ਹੇ ਦਿਆਲ ਪ੍ਰਭੂ! (ਇਹਨਾਂ ਨੂੰ ਆਪ ਇਸ ਖੂਹ ਵਿਚੋਂ) ਕੱਢ ਲੈ ॥੪॥
11892	267	ਕਰਤੂਤਿ ਪਸੂ ਕੀ ਮਾਨਸ ਜਾਤਿ॥		Karathooth Pasoo Kee Maanas Jaath ||	They belong to the human species, but they act like animals.	ਜਾਤਿ ਮਨੁੱਖ ਦੀ ਹੈ (ਭਾਵ, ਮਨੁੱਖ-ਸ਼੍ਰੇਣੀ ਵਿਚੋਂ ਜੰਮਿਆ ਹੈ) ਪਰ ਕੰਮ ਪਸ਼ੂਆਂ ਵਾਲੇ ਹਨ,
11893	267	ਲੋਕ ਪਚਾਰਾ ਕਰੈ ਦਿਨੁ ਰਾਤਿ॥		Lok Pachaaraa Karai Dhin Raath ||	They curse others day and night.	(ਉਂਞ) ਦਿਨ ਰਾਤ ਲੋਕਾਂ ਵਾਸਤੇ ਵਿਖਾਵਾ ਕਰ ਰਿਹਾ ਹੈ।
11894	267	ਬਾਹਰਿ ਭੇਖ ਅੰਤਰਿ ਮਲੁ ਮਾਇਆ॥		Baahar Bhaekh Anthar Mal Maaeiaa ||	Outwardly, they wear religious robes, but within is the filth of Maya.	ਬਾਹਰ (ਸਰੀਰ ਉਤੇ) ਧਾਰਮਿਕ ਪੁਸ਼ਾਕ ਹੈ ਪਰ ਮਨ ਵਿਚ ਮਾਇਆ ਦੀ ਮੈਲ ਹੈ,
11895	267	ਛਪਸਿ ਨਾਹਿ ਕਛੁ ਕਰੈ ਛਪਾਇਆ॥	ਛੱਛੇ ਔਂਕੜ ਕਛੁ ਬੋਲੋ ਜੀ	Shhapas Naahi Kashh Karai Shhapaaeiaa ||	They cannot conceal this, no matter how hard they try.	(ਬਾਹਰਲੇ ਭੇਖ ਨਾਲ) ਛਪਾਉਣ ਦਾ ਜਤਨ ਕੀਤਿਆਂ (ਮਨ ਦੀ ਮੈਲ) ਲੁਕਦੀ ਨਹੀਂ।
11896	267	ਬਾਹਰਿ ਗਿਆਨ ਧਿਆਨ ਇਸਨਾਨ॥		Baahar Giaan Dhhiaan Eisanaan ||	Outwardly, they display knowledge, meditation and purification,	ਬਾਹਰ (ਵਿਖਾਵੇ ਵਾਸਤੇ) (ਤੀਰਥ) ਇਸ਼ਨਾਨ ਤੇ ਗਿਆਨ ਦੀਆਂ ਗੱਲਾਂ ਕਰਦਾ ਹੈ, ਸਮਾਧੀਆਂ ਭੀ ਲਾਉਂਦਾ ਹੈ,

11897	267	ਅੰਤਰਿ ਬਿਆਪੈ ਲੋਭੁ ਸੁਆਨੁ॥		Anthar Biaapai Lobh Suaan ||	But within clings the dog of greed.	ਪਰ ਮਨ ਵਿਚ ਲੋਭ (-ਰੂਪ) ਕੁੱਤਾ ਜ਼ੋਰ ਪਾ ਰਿਹਾ ਹੈ।
11898	267	ਅੰਤਰਿ ਅਗਨਿ ਬਾਹਰਿ ਤਨੁ ਸੁਆਹ॥		Anthar Agan Baahar Than Suaah ||	The fire of desire rages within; outwardly they apply ashes to their bodies.	ਮਨ ਵਿਚ (ਤ੍ਰਿਸ਼ਨਾ ਦੀ) ਅੱਗ ਹੈ, ਬਾਹਰ ਸਰੀਰ ਸੁਆਹ (ਨਾਲ ਲਿਬੇੜਿਆ ਹੋਇਆ ਹੈ);
11899	267	ਗਲਿ ਪਾਥਰ ਕੈਸੇ ਤਰੈ ਅਥਾਹ॥		Gal Paathhar Kaisae Tharai Athhaah ||	There is a stone around their neck - how can they cross the unfathomable ocean?	(ਜੇ) ਗਲ ਵਿਚ (ਵਿਕਾਰਾਂ ਦੇ) ਪੱਥਰ (ਹੋਣ ਤਾਂ) ਅਥਾਹ (ਸੰਸਾਰ-ਸਮੁੰਦਰ ਨੂੰ ਜੀਵ) ਕਿਵੇਂ ਤਰੇ?
11900	267	ਜਾ ਕੈ ਅੰਤਰਿ ਬਸੈ ਪ੍ਰਭੁ ਆਪਿ॥		Jaa Kai Anthar Basai Prabh Aap ||	Those, within whom God Himself abides	ਜਿਸ ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਆ ਵੱਸਦਾ ਹੈ,
11901	267	ਨਾਨਕ ਤੇ ਜਨ ਸਹਜਿ ਸਮਾਤਿ॥੫॥		Naanak Thae Jan Sehaj Samaath ||5||	- O Nanak, those humble beings are intuitively absorbed in the Lord. ||5||	ਹੇ ਨਾਨਕ! ਉਹੀ ਅਡੋਲ ਅਵਸਥਾ ਵਿਚ ਟਿਕੇ ਰਹਿੰਦੇ ਹਨ ॥੫॥
11902	267	ਸੁਨਿ ਅੰਧਾ ਕੈਸੇ ਮਾਰਗੁ ਪਾਵੈ॥		Sun Andhhaa Kaisae Maarag Paavai ||	By listening, how can the blind find the path?	ਅੰਨ੍ਹਾ ਮਨੁੱਖ (ਨਿਰਾ) ਸੁਣ ਕੇ ਕਿਵੇਂ ਰਾਹ ਲੱਭ ਲਏ?
11903	267	ਕਰੁ ਗਹਿ ਲੇਹੁ ਓੜਿ ਨਿਬਹਾਵੈ॥		Kar Gehi Laehu Ourr Nibehaavai ||	Take hold of his hand, and then he can reach his destination.	(ਹੇ ਪ੍ਰਭੂ! ਆਪ ਇਸ ਦਾ) ਹੱਥ ਫੜ ਲਵੋ (ਤਾਕਿ ਇਹ) ਅਖ਼ੀਰ ਤਕ (ਪ੍ਰੀਤ) ਨਿਬਾਹ ਸਕੇ।

11904	267	ਕਹਾ ਬੁਝਾਰਤਿ ਬੂਝੈ ਡੋਰਾ॥	ਬੁੱਝਾਰਤਿ। ਬੂੱਝੈ	Kehaa Bujhaarath Boojhai Ddoraa ||	How can a riddle be understood by the deaf?	ਬੋਲਾ ਮਨੁੱਖ (ਨਿਰੀ) ਸੈਨਤ ਨੂੰ ਕੀਹ ਸਮਝੇ?
11905	267	ਨਿਸਿ ਕਹੀਐ ਤਉ ਸਮਝੈ ਭੋਰਾ॥		Nis Keheeai Tho Samajhai Bhoraa ||	Say 'night', and he thinks you said 'day'.	(ਸੈਨਤ ਨਾਲ ਜੇ) ਆਖੀਏ (ਇਹ) ਰਾਤ ਹੈ ਤਾਂ ਉਹ ਸਮਝ ਲੈਂਦਾ ਹੈ (ਇਹ) ਦਿਨ (ਹੈ)।
11906	267	ਕਹਾ ਬਿਸਨਪਦ ਗਾਵੈ ਗੁੰਗ॥	ਬਿਸਨਪਦ	Kehaa Bisanapadh Gaavai Gung ||	How can the mute sing the Songs of the Lord?	ਗੂੰਗਾ ਕਿਵੇਂ ਬਿਸ਼ਨ-ਪਦੇ ਗਾ ਸਕੇ?
11907	267	ਜਤਨ ਕਰੈ ਤਉ ਭੀ ਸੁਰ ਭੰਗ॥		Jathan Karai Tho Bhee Sur Bhang ||	He may try, but his voice will fail him.	(ਕਈ) ਜਤਨ (ਭੀ) ਕਰੇ ਤਾਂ ਭੀ ਉਸ ਦੀ ਸੁਰ ਟੁੱਟੀ ਰਹਿੰਦੀ ਹੈ।
11908	267	ਕਹ ਪਿੰਗੁਲ ਪਰਬਤ ਪਰ ਭਵਨ॥		Keh Pingul Parabath Par Bhavan ||	How can the cripple climb up the mountain?	ਲੂਲ੍ਹਾ ਕਿਥੇ ਪਹਾੜਾਂ ਤੇ ਭਉਂ ਸਕਦਾ ਹੈ?
11909	267	ਨਹੀ ਹੋਤ ਊਹਾ ਉਸੁ ਗਵਨ॥		Nehee Hoth Oohaa Ous Gavan ||	He simply cannot go there.	ਓਥੇ ਉਸ ਦੀ ਪਹੁੰਚ ਨਹੀਂ ਹੋ ਸਕਦੀ।
11910	267	ਕਰਤਾਰ ਕਰੁਣਾਮੈ ਦੀਨੁ ਬੇਨਤੀ ਕਰੈ॥	ਕਰੁਣਾ-ਮੈ	Karathaar Karunaa Mai Dheen Baenathee Karai ||	O Creator, Lord of Mercy - Your humble servant prays;	ਹੇ ਕਰਤਾਰ! ਹੇ ਦਇਆ ਦੇ ਸਾਗਰ! (ਇਹ) ਨਿਮਾਣਾ ਦਾਸ ਬੇਨਤੀ ਕਰਦਾ ਹੈ,
11911	267	ਨਾਨਕ ਤੁਮਰੀ ਕਿਰਪਾ ਤਰੈ॥੬॥		Naanak Thumaree Kirapaa Tharai ||6||	Nanak: by Your Grace, please save me. ||6||	ਹੇ ਨਾਨਕ! (ਇਸ ਹਾਲਤ ਵਿਚ ਕੇਵਲ ਅਰਦਾਸ ਕਰ ਤੇ ਆਖ) ਤੇਰੀ ਮੇਹਰ ਨਾਲ (ਹੀ) ਤਰ ਸਕਦਾ ਹੈ ॥੬॥

11912	267	ਸੰਗਿ ਸਹਾਈ ਸੁ ਆਵੈ ਨ ਚੀਤਿ॥		Sang Sehaaee S Aavai N Cheeth ||	The Lord, our Help and Support, is always with us, but the mortal does not remember Him.	ਜੋ ਪ੍ਰਭੂ (ਇਸ ਮੂਰਖ ਦਾ) ਸੰਗੀ ਸਾਥੀ ਹੈ, ਉਸ ਨੂੰ (ਇਹ) ਚੇਤੇ ਨਹੀਂ ਕਰਦਾ,
11913	267	ਜੋ ਬੈਰਾਈ ਤਾ ਸਿਉ ਪ੍ਰੀਤਿ॥		Jo Bairaaee Thaa Sio Preeth ||	He shows love to his enemies.	(ਪਰ) ਜੋ ਵੈਰੀ ਹੈ ਉਸ ਨਾਲ ਪਿਆਰ ਕਰ ਰਿਹਾ ਹੈ।
11914	267	ਬਲੂਆ ਕੇ ਗ੍ਰਿਹ ਭੀਤਰਿ ਬਸੈ॥	ਬਲੂਆ: ਪੋਲਾ ਬੋਲੋ	Balooaa Kae Grih Bheethar Basai ||	He lives in a castle of sand.	ਰੇਤ ਦੇ ਘਰ ਵਿਚ ਵੱਸਦਾ ਹੈ (ਭਾਵ ਰੇਤ ਦੇ ਕਿਣਕਿਆਂ ਵਾਂਗ ਉਮਰ ਛਿਨ ਛਿਨ ਕਰ ਕੇ ਕਿਰ ਰਹੀ ਹੈ),
11915	267	ਅਨਦ ਕੇਲ ਮਾਇਆ ਰੰਗਿ ਰਸੈ॥	ਅਨ-ਦ: ਪੋਲਾ ਬੋਲੋ। ਰਸੈ: ਪੋਲਾ ਬੋਲੋ	Anadh Kael Maaeiaa Rang Rasai ||	He enjoys the games of pleasure and the tastes of Maya.	(ਫਿਰ ਭੀ) ਮਾਇਆ ਦੀ ਮਸਤੀ ਵਿਚ ਆਨੰਦ ਮੌਜਾਂ ਮਾਣ ਰਿਹਾ ਹੈ।
11916	267	ਦ੍ਰਿੜੁ ਕਰਿ ਮਾਨੈ ਮਨਹਿ ਪ੍ਰਤੀਤਿ॥		Dhrirr Kar Maanai Manehi Pratheeth ||	He believes them to be permanent - this is the belief of his mind.	(ਆਪਣੇ ਆਪ ਨੂੰ) ਅਮਰ ਸਮਝੀ ਬੈਠਾ ਹੈ, ਮਨ ਵਿਚ (ਇਹੀ) ਯਕੀਨ ਬਣਿਆ ਹੋਇਆ ਹੈ;
11917	267	ਕਾਲੁ ਨ ਆਵੈ ਮੂੜੇ ਚੀਤਿ॥		Kaal N Aavai Moorrae Cheeth ||	Death does not even come to mind for the fool.	ਪਰ ਮੂਰਖ ਦੇ ਚਿਤ ਵਿਚ (ਕਦੇ) ਮੌਤ (ਦਾ ਖ਼ਿਆਲ ਭੀ) ਨਹੀਂ ਆਉਂਦਾ।
11918	267	ਬੈਰ ਬਿਰੋਧ ਕਾਮ ਕ੍ਰੋਧ ਮੋਹ॥		Bair Birodhh Kaam Krodhh Moh ||	Hate, conflict, sexual desire, anger, emotional attachment,	ਵੈਰ ਵਿਰੋਧ, ਕਾਮ, ਗੁੱਸਾ, ਮੋਹ,

11919	267	ਝੂਠ ਬਿਕਾਰ ਮਹਾ ਲੋਭ ਧ੍ਰੋਹ॥		Jhooth Bikaar Mehaa Lobh Dhhroh ||	Falsehood, corruption, immense greed and deceit:	ਝੂਠ, ਮੰਦੇ ਕਰਮ, ਭਾਰੀ ਲਾਲਚ ਤੇ ਦਗ਼ਾ-
11920	268	ਇਆਹੂ ਜੁਗਤਿ ਬਿਹਾਨੇ ਕਈ ਜਨਮ॥		Eiaahoo Jugath Bihaanae Kee Janam ||	So many lifetimes are wasted in these ways.	ਇਸੇ ਰਾਹੇ ਪੈ ਕੇ (ਇਸ ਦੇ) ਕਈ ਜਨਮ ਗੁਜ਼ਾਰ ਗਏ ਹਨ।
11921	268	ਨਾਨਕ ਰਾਖਿ ਲੇਹੁ ਆਪਨ ਕਰਿ ਕਰਮ॥੭॥		Naanak Raakh Laehu Aapan Kar Karam ||7||	Nanak: uplift them, and redeem them, O Lord - show Your Mercy! ||7||	ਹੇ ਨਾਨਕ! (ਇਸ ਵਿਚਾਰੇ ਜੀਵ ਵਾਸਤੇ ਪ੍ਰਭੂ-ਦਰ ਤੇ ਅਰਦਾਸ ਕਰ ਤੇ ਆਖ) ਆਪਣੀ ਮੇਹਰ ਕਰ ਕੇ (ਇਸ ਨੂੰ) ਬਚਾ ਲਵੋ ॥੭॥
11922	268	ਤੂ ਠਾਕੁਰੁ ਤੁਮ ਪਹਿ ਅਰਦਾਸਿ॥		Thoo Thaakur Thum Pehi Aradhaas ||	You are our Lord and Master; to You, I offer this prayer.	(ਹੇ ਪ੍ਰਭੂ!) ਤੂੰ ਮਾਲਿਕ ਹੈਂ (ਸਾਡੀ ਜੀਵਾਂ ਦੀ) ਅਰਜ਼ ਤੇਰੇ ਅੱਗੇ ਹੀ ਹੈ,
11923	268	ਜੀਉ ਪਿੰਡੁ ਸਭੁ ਤੇਰੀ ਰਾਸਿ॥		Jeeo Pindd Sabh Thaeree Raas ||	This body and soul are all Your property.	ਇਹ ਜਿੰਦ ਤੇ ਸਰੀਰ (ਜੋ ਤੂੰ ਸਾਨੂੰ ਦਿੱਤਾ ਹੈ) ਸਭ ਤੇਰੀ ਹੀ ਬਖ਼ਸ਼ੀਸ਼ ਹੈ।
11924	268	ਤੁਮ ਮਾਤ ਪਿਤਾ ਹਮ ਬਾਰਿਕ ਤੇਰੇ॥		Thum Maath Pithaa Ham Baarik Thaerae ||	You are our mother and father; we are Your children.	ਤੂੰ ਸਾਡਾ ਮਾਂ ਪਿਉ ਹੈਂ, ਅਸੀਂ ਤੇਰੇ ਬਾਲ ਹਾਂ,
11925	268	ਤੁਮਰੀ ਕ੍ਰਿਪਾ ਮਹਿ ਸੂਖ ਘਨੇਰੇ॥		Thumaree Kirapaa Mehi Sookh Ghanaerae ||	In Your Grace, there are so many joys!	ਤੇਰੀ ਮੇਹਰ (ਦੀ ਨਜ਼ਰ) ਵਿਚ ਬੇਅੰਤ ਸੁਖ ਹਨ।
11926	268	ਕੋਇ ਨ ਜਾਨੈ ਤੁਮਰਾ ਅੰਤੁ॥		Koe N Jaanai Thumaraa Anth ||	No one knows Your limits.	ਕੋਈ ਤੇਰਾ ਅੰਤ ਨਹੀਂ ਪਾ ਸਕਦਾ,

11927	268	ਊਚੇ ਤੇ ਊਚਾ ਭਗਵੰਤ॥		Oochae Thae Oochaa Bhagavanth ||	O Highest of the High, Most Generous God,	(ਕਿਉਂਕਿ) ਤੂੰ ਸਭ ਤੋਂ ਉੱਚਾ ਭਗਵਾਨ ਹੈਂ।
11928	268	ਸਗਲ ਸਮਗ੍ਰੀ ਤੁਮਰੈ ਸੂਤ੍ਰਿ ਧਾਰੀ॥	ਸਮੱਗ੍ਰੀ	Sagal Samagree Thumarai Soothr Dhhaaree ||	The whole creation is strung on Your thread.	(ਜਗਤ ਦੇ) ਸਾਰੇ ਪਦਾਰਥ ਤੇਰੇ ਹੀ ਹੁਕਮ ਵਿਚ ਟਿਕੇ ਹੋਏ ਹਨ;
11929	268	ਤੁਮ ਤੇ ਹੋਇ ਸੁ ਆਗਿਆਕਾਰੀ॥		Thum Thae Hoe S Aagiaakaaree ||	That which has come from You is under Your Command.	ਤੇਰੀ ਰਚੀ ਹੋਈ ਸ੍ਰਿਸ਼ਟੀ ਤੇਰੀ ਹੀ ਆਗਿਆ ਵਿਚ ਤੁਰ ਰਹੀ ਹੈ।
11930	268	ਤੁਮਰੀ ਗਤਿ ਮਿਤਿ ਤੁਮ ਹੀ ਜਾਨੀ॥		Thumaree Gath Mith Thum Hee Jaanee ||	You alone know Your state and extent.	ਤੂੰ ਕਿਹੋ ਜਿਹਾ ਹੈਂ ਤੇ ਕੇਡਾ ਵੱਡਾ ਹੈਂ-ਇਹ ਤੂੰ ਆਪ ਹੀ ਜਾਣਦਾ ਹੈਂ।
11931	268	ਨਾਨਕ ਦਾਸ ਸਦਾ ਕੁਰਬਾਨੀ॥੮॥੪॥		Naanak Dhaas Sadhaa Kurabaanee ||8||4||	Nanak, Your slave, is forever a sacrifice. ||8||4||	ਹੇ ਨਾਨਕ! (ਆਖ, ਹੇ ਪ੍ਰਭੂ!) ਤੇਰੇ ਸੇਵਕ (ਤੈਥੋਂ) ਸਦਾ ਸਦਕੇ ਜਾਂਦੇ ਹਨ ॥੮॥੪॥
11932	268	ਸਲੋਕੁ॥		Salok ||	Shalok:	
11933	268	ਦੇਨਹਾਰੁ ਪ੍ਰਭ ਛੋਡਿ ਕੈ ਲਾਗਹਿ ਆਨ ਸੁਆਇ॥	ਲਾਗ–ਹਿ	Dhaenehaar Prabh Shhodd Kai Laagehi Aan Suaae ||	One who renounces God the Giver, and attaches himself to other affairs	(ਸਾਰੀਆਂ ਦਾਤਾਂ) ਦੇਣ ਵਾਲੇ ਪ੍ਰਭੂ ਨੂੰ ਛੱਡ ਕੇ (ਜੀਵ) ਹੋਰ ਸੁਆਦ ਵਿਚ ਲੱਗਦੇ ਹਨ;

11934	268	ਨਾਨਕ ਕਹੂ ਨ ਸੀਝਈ ਬਿਨੁ ਨਾਵੈ ਪਤਿ ਜਾਇ॥੧॥		Naanak Kehoo N Seejhee Bin Naavai Path Jaae ||1||	- O Nanak, he shall never succeed. Without the Name, he shall lose his honor. ||1||	(ਪਰ) ਹੇ ਨਾਨਕ! (ਇਹੋ ਜਿਹਾ) ਕਦੇ (ਕੋਈ ਮਨੁੱਖ ਜੀਵਨ-ਯਾਤ੍ਰਾ ਵਿਚ) ਕਾਮਯਾਬ ਨਹੀਂ ਹੁੰਦਾ (ਕਿਉਂਕਿ ਪ੍ਰਭੂ ਦੇ) ਨਾਮ ਤੋਂ ਬਿਨਾ ਇੱਜ਼ਤ ਨਹੀਂ ਰਹਿੰਦੀ ॥੧॥
11935	268	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ।	Asattapadhee ||	Ashtapadee:	
11936	268	ਦਸ ਬਸਤੂ ਲੇ ਪਾਛੈ ਪਾਵੈ॥	ਦਸ: ਪੋਲਾ ਬੋਲੋ	Dhas Basathoo Lae Paashhai Paavai ||	He obtains ten things, and puts them behind him;	(ਮਨੁੱਖ ਪ੍ਰਭੂ ਤੋਂ) ਦਸ ਚੀਜ਼ਾਂ ਲੈ ਕੇ ਸਾਂਭ ਲੈਂਦਾ ਹੈ,
11937	268	ਏਕ ਬਸਤੁ ਕਾਰਨਿ ਬਿਖੋਟਿ ਗਵਾਵੈ॥	(ਬਿਖੋਟਿ) ਸਫ਼ਾਈ	Eaek Basath Kaaran Bikhott Gavaavai ||	For the sake of one thing withheld, he forfeits his faith.	(ਪਰ) ਇਕ ਚੀਜ਼ ਦੀ ਖ਼ਾਤਰ ਆਪਣਾ ਇਤਬਾਰ ਗਵਾ ਲੈਂਦਾ ਹੈ (ਕਿਉਂਕਿ ਮਿਲੀਆਂ ਚੀਜ਼ਾਂ ਬਦਲੇ ਸ਼ੁਕਰੀਆ ਤਾਂ ਨਹੀਂ ਕਰਦਾ, ਜੇਹੜੀ ਨਹੀਂ ਮਿਲੀ ਉਸ ਦਾ ਗਿਲਾ ਕਰਦਾ ਰਹਿੰਦਾ ਹੈ)।
11938	268	ਏਕ ਭੀ ਨ ਦੇਇ ਦਸ ਭੀ ਹਿਰਿ ਲੇਇ॥	ਦਸ: ਪੋਲਾ ਬੋਲੋ	Eaek Bhee N Dhaee Dhas Bhee Hir Laee ||	But what if that one thing were not given, and the ten were taken away?	(ਜੇ ਪ੍ਰਭੂ) ਇਕ ਚੀਜ਼ ਭੀ ਨਾਹ ਦੇਵੇ, ਤੇ, ਦਸ (ਦਿੱਤੀਆਂ ਹੋਈਆਂ) ਭੀ ਖੋਹ ਲਏ,
11939	268	ਤਉ ਮੂੜਾ ਕਹੁ ਕਹਾ ਕਰੇਇ॥	ਮੂੜ੍ਹਾ ਕਰੇ-ਇ	Tho Moorraa Kahu Kehaa Karaee ||	Then, what could the fool say or do?	ਤਾਂ, ਦੱਸੋ, ਇਹ ਮੂਰਖ ਕੀਹ ਕਰ ਸਕਦਾ ਹੈ?

11940	268	ਜਿਸੁ ਠਾਕੁਰ ਸਿਉ ਨਾਹੀ ਚਾਰਾ॥		Jis Thaakur Sio Naahee Chaaraa ||	Our Lord and Master cannot be moved by force.	ਜਿਸ ਮਾਲਕ ਦੇ ਨਾਲ ਪੇਸ਼ ਨਹੀਂ ਜਾ ਸਕਦੀ,
11941	268	ਤਾ ਕਉ ਕੀਜੈ ਸਦ ਨਮਸਕਾਰਾ॥		Thaa Ko Keejai Sadh Namasakaaraa ||	Unto Him, bow forever in adoration.	ਉਸ ਦੇ ਅੱਗੇ ਸਦਾ ਸਿਰ ਨਿਵਾਉਣਾ ਹੀ ਚਾਹੀਦਾ ਹੈ,
11942	268	ਜਾ ਕੈ ਮਨਿ ਲਾਗਾ ਪ੍ਰਭੁ ਮੀਠਾ॥		Jaa Kai Man Laagaa Prabh Meethaa ||	That one, unto whose mind God seems sweet	(ਕਿਉਂਕਿ) ਜਿਸ ਮਨੁੱਖ ਦੇ ਮਨ ਵਿਚ ਪ੍ਰਭੂ ਪਿਆਰਾ ਲੱਗਦਾ ਹੈ,
11943	268	ਸਰਬ ਸੂਖ ਤਾਹੂ ਮਨਿ ਵੂਠਾ॥		Sarab Sookh Thaahoo Man Voothaa ||	All pleasures come to abide in his mind.	ਸਾਰੇ ਸੁਖ ਉਸੇ ਦੇ ਹਿਰਦੇ ਵਿਚ ਆ ਵੱਸਦੇ ਹਨ।
11944	268	ਜਿਸੁ ਜਨ ਅਪਨਾ ਹੁਕਮੁ ਮਨਾਇਆ॥		Jis Jan Apanaa Hukam Manaaeiaa ||	One who abides by the Lord's Will,	ਜਿਸ ਮਨੁੱਖ ਤੋਂ ਪ੍ਰਭੂ ਆਪਣਾ ਹੁਕਮ ਮਨਾਉਂਦਾ ਹੈ,
11945	268	ਸਰਬ ਥੋਕ ਨਾਨਕ ਤਿਨਿ ਪਾਇਆ॥੧॥		Sarab Thhok Naanak Thin Paaeiaa ||1||	O Nanak, obtains all things. ||1||	ਹੇ ਨਾਨਕ! (ਦੁਨੀਆ ਦੇ) ਸਾਰੇ ਪਦਾਰਥ (ਮਾਨੋ) ਉਸ ਨੇ ਲੱਭ ਲਏ ਹਨ ॥੧॥
11946	268	ਅਗਨਤ ਸਾਹੁ ਅਪਨੀ ਦੇ ਰਾਸਿ॥	ਅ-ਗਨਤ	Aganath Saahu Apanee Dhae Raas ||	God the Banker gives endless capital to the mortal,	(ਪ੍ਰਭੂ) ਸ਼ਾਹ ਅਣਗਿਣਤ (ਪਦਾਰਥਾਂ ਦੀ) ਪੂੰਜੀ (ਜੀਵ ਵਣਜਾਰੇ ਨੂੰ) ਦੇਂਦਾ ਹੈ,
11947	268	ਖਾਤ ਪੀਤ ਬਰਤੈ ਅਨਦ ਉਲਾਸਿ॥		Khaath Peeth Barathai Anadh Oulaas ||	Who eats, drinks and expends it with pleasure and joy.	(ਜੀਵ) ਖਾਂਦਾ ਪੀਂਦਾ ਚਾਉ ਤੇ ਖ਼ੁਸ਼ੀ ਨਾਲ (ਇਹਨਾਂ ਪਦਾਰਥਾਂ ਨੂੰ) ਵਰਤਦਾ ਹੈ।

11948	268	ਅਪੁਨੀ ਅਮਾਨ ਕਛੁ ਬਹੁਰਿ ਸਾਹੁ ਲੇਇ॥		Apunee Amaan Kashh Bahur Saahu Laee ||	If some of this capital is later taken back by the Banker,	(ਜੇ) ਸ਼ਾਹ ਆਪਣੀ ਕੋਈ ਅਮਾਨਤ ਮੋੜ ਲਏ,
11949	268	ਅਗਿਆਨੀ ਮਨਿ ਰੋਸੁ ਕਰੇਇ॥	ਕਰੇ-ਇ	Agiaanee Man Ros Karaee ||	The ignorant person shows his anger.	ਤਾਂ (ਇਹ) ਅਗਿਆਨੀ ਮਨ ਵਿਚ ਰੋਸਾ ਕਰਦਾ ਹੈ;
11950	268	ਅਪਨੀ ਪਰਤੀਤਿ ਆਪ ਹੀ ਖੋਵੈ॥		Apanee Paratheeth Aap Hee Khovai ||	He himself destroys his own credibility,	(ਇਸ ਤਰ੍ਹਾਂ) ਆਪਣਾ ਇਤਬਾਰ ਆਪ ਹੀ ਗਵਾ ਲੈਂਦਾ ਹੈ,
11951	268	ਬਹੁਰਿ ਉਸ ਕਾ ਬਿਸ੍ਵਾਸੁ ਨ ਹੋਵੈ॥	ਬਿਸ੍ਵਾਸੁ: ਅੱਧਾ ਵਾਵਾ ਪੋਲਾ ਬੋਲੋ, ਪੂਰਾ ਵਾਵਾ ਭਰਵਾਂ ਬੋਲੀਦਾ ਹੈ	Bahur Ous Kaa Bisvaas N Hovai ||	And he shall not again be trusted.	ਤੇ ਮੁੜ ਇਸ ਦਾ ਵਿਸਾਹ ਨਹੀਂ ਕੀਤਾ ਜਾਂਦਾ।
11952	268	ਜਿਸ ਕੀ ਬਸਤੁ ਤਿਸੁ ਆਗੈ ਰਾਖੈ॥		Jis Kee Basath This Aagai Raakhai ||	When one offers to the Lord, that which belongs to the Lord,	(ਜੇ) ਜਿਸ ਪ੍ਰਭੂ ਦੀ (ਬਖ਼ਸ਼ੀ ਹੋਈ) ਚੀਜ਼ ਹੈ ਉਸ ਦੇ ਅੱਗੇ (ਆਪ ਹੀ ਖ਼ੁਸ਼ੀ ਨਾਲ) ਰੱਖ ਦਏ,
11953	268	ਪ੍ਰਭ ਕੀ ਆਗਿਆ ਮਾਨੈ ਮਾਥੈ॥		Prabh Kee Aagiaa Maanai Maathhai ||	And willingly abides by the Will of God's Order,	ਤੇ ਪ੍ਰਭੂ ਦਾ ਹੁਕਮ (ਕੋਈ ਚੀਜ਼ ਖੁੱਸਣ ਵੇਲੇ) ਸਿਰ ਮੱਥੇ ਤੇ ਮੰਨ ਲਏ,
11954	268	ਉਸ ਤੇ ਚਉਗੁਨ ਕਰੈ ਨਿਹਾਲੁ॥		Ous Thae Chougun Karai Nihaal ||	The Lord will make him happy four times over.	ਤਾਂ (ਪ੍ਰਭੂ ਉਸ ਨੂੰ) ਅੱਗੇ ਨਾਲੋਂ ਚਉਗੁਣਾ ਨਿਹਾਲ ਕਰਦਾ ਹੈ।

11955	268	ਨਾਨਕ ਸਾਹਿਬੁ ਸਦਾ ਦਇਆਲੁ॥੨॥	ਦ-ਇਆਲੁ	Naanak Saahib Sadhaa Dhaeiaal ||2||	O Nanak, our Lord and Master is merciful forever. ||2||	ਹੇ ਨਾਨਕ! ਮਾਲਕ ਸਦਾ ਮੇਹਰ ਕਰਨ ਵਾਲਾ ਹੈ ॥੨॥
11956	268	ਅਨਿਕ ਭਾਤਿ ਮਾਇਆ ਕੇ ਹੇਤ॥	ਭਾਂਤਿ	Anik Bhaath Maaeiaa Kae Haeth ||	The many forms of attachment to Maya shall surely pass away -	ਮਾਇਆ ਦੇ ਪਿਆਰ ਅਨੇਕਾਂ ਕਿਸਮਾਂ ਦੇ ਹਨ (ਭਾਵ, ਮਾਇਆ ਦੇ ਅਨੇਕਾਂ ਸੋਹਣੇ ਸਰੂਪ ਮਨੁੱਖ ਦੇ ਮਨ ਨੂੰ ਮੋਹਦੇ ਹਨ),
11957	268	ਸਰਪਰ ਹੋਵਤ ਜਾਨੁ ਅਨੇਤ॥		Sarapar Hovath Jaan Anaeth ||	Know that they are transitory.	(ਪਰ ਇਹ ਸਾਰੇ) ਅੰਤ ਨੂੰ ਨਾਸ ਹੋ ਜਾਣ ਵਾਲੇ ਸਮਝੋ।
11958	268	ਬਿਰਖ ਕੀ ਛਾਇਆ ਸਿਉ ਰੰਗੁ ਲਾਵੈ॥		Birakh Kee Shhaaeiaa Sio Rang Laavai ||	People fall in love with the shade of the tree,	(ਜੇ ਕੋਈ ਮਨੁੱਖ) ਰੁੱਖ ਦੀ ਛਾਂ ਨਾਲ ਪਿਆਰ ਪਾ ਬੈਠੇ,
11959	268	ਓਹ ਬਿਨਸੈ ਉਹੁ ਮਨਿ ਪਛੁਤਾਵੈ॥		Ouh Binasai Ouhu Man Pashhuthaavai ||	And when it passes away, they feel regret in their minds.	(ਸਿੱਟਾ ਕੀਹ ਨਿਕਲੇਗਾ?) ਉਹ ਛਾਂ ਨਾਸ ਹੋ ਜਾਂਦੀ ਹੈ, ਤੇ, ਉਹ ਮਨੁੱਖ ਮਨ ਵਿਚ ਪਛੁਤਾਂਦਾ ਹੈ।
11960	268	ਜੋ ਦੀਸੈ ਸੋ ਚਾਲਨਹਾਰੁ॥		Jo Dheesai So Chaalanehaar ||	Whatever is seen, shall pass away;	(ਇਹ ਸਾਰਾ ਜਗਤ) ਜੋ ਦਿੱਸ ਰਿਹਾ ਹੈ ਨਾਸਵੰਤ ਹੈ,
11961	268	ਲਪਟਿ ਰਹਿਓ ਤਹ ਅੰਧ ਅੰਧਾਰੁ॥		Lapatt Rehiou Theh Andhh Andhhaar ||	And yet, the blindest of the blind cling to it.	ਇਸ (ਜਗਤ) ਨਾਲ ਇਹ ਅੰਨ੍ਹਿਆਂ ਦਾ ਅੰਨ੍ਹਾ (ਜੀਵ) ਜੱਫਾ ਪਾਈ ਬੈਠਾ ਹੈ।

11962	268	ਬਟਾਊ ਸਿਉ ਜੋ ਲਾਵੈ ਨੇਹ॥		Battaaoo Sio Jo Laavai Naeh ||	One who gives her love to a passing traveler	ਜੋ (ਭੀ) ਮਨੁੱਖ (ਕਿਸੇ) ਰਾਹੀ ਨਾਲ ਪਿਆਰ ਪਾ ਲੈਂਦਾ ਹੈ,
11963	268	ਤਾ ਕਉ ਹਾਥਿ ਨ ਆਵੈ ਕੇਹ॥		Thaa Ko Haathh N Aavai Kaeh ||	Nothing shall come into her hands in this way.	(ਅੰਤ ਨੂੰ) ਉਸ ਦੇ ਹੱਥ ਪੱਲੇ ਕੁਝ ਨਹੀਂ ਪੈਂਦਾ।
11964	268	ਮਨ ਹਰਿ ਕੇ ਨਾਮ ਕੀ ਪ੍ਰੀਤਿ ਸੁਖਦਾਈ॥		Man Har Kae Naam Kee Preeth Sukhadhaaee ||	O mind, the love of the Name of the Lord bestows peace.	ਹੇ ਮਨ! ਪ੍ਰਭੂ ਦੇ ਨਾਮ ਦਾ ਪਿਆਰ (ਹੀ) ਸੁਖ ਦੇਣ ਵਾਲਾ ਹੈ;
11965	268	ਕਰਿ ਕਿਰਪਾ ਨਾਨਕ ਆਪਿ ਲਏ ਲਾਈ॥੩॥		Kar Kirapaa Naanak Aap Leae Laaee ||3||	O Nanak, the Lord, in His Mercy, unites us with Himself. ||3||	(ਪਰ) ਹੇ ਨਾਨਕ! (ਇਹ ਪਿਆਰ ਉਸ ਮਨੁੱਖ ਨੂੰ ਨਸੀਬ ਹੁੰਦਾ ਹੈ, ਜਿਸ ਨੂੰ) ਪ੍ਰਭੂ ਮੇਹਰ ਕਰ ਕੇ ਆਪ ਲਾਉਂਦਾ ਹੈ ॥੩॥
11966	268	ਮਿਥਿਆ ਤਨੁ ਧਨੁ ਕੁਟੰਬੁ ਸਬਾਇਆ॥	ਮਿਥਿਆ: ਪੋਲਾ ਬੋਲੋ	Mithhiaa Than Dhhan Kuttanb Sabaaeiaa ||	False are body, wealth, and all relations.	(ਜਦ ਇਹ) ਸਰੀਰ, ਧਨ ਤੇ ਸਾਰਾ ਪਰਵਾਰ ਨਾਸਵੰਤ ਹੈ,
11967	268	ਮਿਥਿਆ ਹਉਮੈ ਮਮਤਾ ਮਾਇਆ॥		Mithhiaa Houmai Mamathaa Maaeiaa ||	False are ego, possessiveness and Maya.	(ਤਾਂ) ਮਾਇਆ ਦੀ ਮਾਲਕੀ ਤੇ ਹਉਮੈ (ਭਾਵ, ਧਨ ਤੇ ਪਰਵਾਰ ਦੇ ਕਾਰਣ ਵਡੱਪਣ)-ਇਹਨਾਂ ਉਤੇ ਮਾਣ ਭੀ ਝੂਠਾ।
11968	268	ਮਿਥਿਆ ਰਾਜ ਜੋਬਨ ਧਨ ਮਾਲ॥		Mithhiaa Raaj Joban Dhhan Maal ||	False are power, youth, wealth and property.	ਰਾਜ ਜੁਆਨੀ ਤੇ ਧਨ ਮਾਲ ਸਭ ਨਾਸਵੰਤ ਹਨ,

11969	268	ਮਿਥਿਆ ਕਾਮ ਕ੍ਰੋਧ ਬਿਕਰਾਲ॥		Mithhiaa Kaam Krodhh Bikaraal ||	False are sexual desire and wild anger.	(ਇਸ ਵਾਸਤੇ ਇਹਨਾਂ ਦੇ ਕਾਰਣ) ਕਾਮ (ਦੀ ਲਹਰ) ਤੇ ਭਿਆਨਕ ਕ੍ਰੋਧ ਇਹ ਭੀ ਵਿਅਰਥ ਹਨ।
11970	268	ਮਿਥਿਆ ਰਥ ਹਸਤੀ ਅਸ੍ਵ ਬਸਤ੍ਰਾ॥	ਅਸ੍ਵ ਵਾਵਾ ਅੱਧਾ ਜਾਣਕੇ ਪੋਲਾ ਬੋਲੋ	Mithhiaa Rathh Hasathee Asv Basathraa ||	False are chariots, elephants, horses and expensive clothes.	ਰਥ, ਹਾਥੀ, ਘੋੜੇ ਤੇ (ਸੁੰਦਰ) ਕੱਪੜੇ ਸਦਾ ਕਾਇਮ ਰਹਿਣ ਵਾਲੇ ਨਹੀਂ ਹਨ,
11971	268	ਮਿਥਿਆ ਰੰਗ ਸੰਗਿ ਮਾਇਆ ਪੇਖਿ ਹਸਤਾ॥		Mithhiaa Rang Sang Maaeiaa Paekh Hasathaa ||	False is the love of gathering wealth, and reveling in the sight of it.	(ਇਸ ਸਾਰੀ) ਮਾਇਆ ਨੂੰ ਪਿਆਰ ਨਾਲ ਵੇਖ ਕੇ (ਜੀਵ) ਹੱਸਦਾ ਹੈ, (ਪਰ ਇਹ ਹਾਸਾ ਤੇ ਮਾਣ ਭੀ) ਵਿਅਰਥ ਹੈ।
11972	268	ਮਿਥਿਆ ਧ੍ਰੋਹ ਮੋਹ ਅਭਿਮਾਨੁ॥		Mithhiaa Dhhroh Moh Abhimaan ||	False are deception, emotional attachment and egotistical pride.	ਦਗ਼ਾ, ਮੋਹ ਤੇ ਅਹੰਕਾਰ-(ਇਹ ਸਾਰੇ ਹੀ ਮਨ ਦੇ) ਵਿਅਰਥ (ਤਰੰਗ) ਹਨ;
11973	268	ਮਿਥਿਆ ਆਪਸ ਊਪਰਿ ਕਰਤ ਗੁਮਾਨੁ॥		Mithhiaa Aapas Oopar Karath Gumaan ||	False are pride and self-conceit.	ਆਪਣੇ ਉਤੇ ਮਾਣ ਕਰਨਾ ਭੀ ਝੂਠਾ (ਨਸ਼ਾ) ਹੈ।
11974	268	ਅਸਥਿਰੁ ਭਗਤਿ ਸਾਧ ਕੀ ਸਰਨ॥		Asathhir Bhagath Saadhh Kee Saran ||	Only devotional worship is permanent, and the Sanctuary of the Holy.	ਸਦਾ ਕਾਇਮ ਰਹਿਣ ਵਾਲੀ (ਪ੍ਰਭੂ ਦੀ) ਭਗਤੀ (ਹੀ ਹੈ ਜੋ) ਗੁਰੂ ਦੀ ਸਰਣ ਪੈ ਕੇ (ਕੀਤੀ ਜਾਏ)।

11975	268	ਨਾਨਕ ਜਪਿ ਜਪਿ ਜੀਵੈ ਹਰਿ ਕੇ ਚਰਨ॥੪॥		Naanak Jap Jap Jeevai Har Kae Charan ||4||	Nanak lives by meditating, meditating on the Lotus Feet of the Lord. ||4||	ਹੇ ਨਾਨਕ! ਪ੍ਰਭੂ ਦੇ ਚਰਣ (ਹੀ) ਸਦਾ ਜਪ ਕੇ (ਮਨੁੱਖ) ਅਸਲੀ ਜੀਵਨ ਜੀਊਂਦਾ ਹੈ ॥੪॥
11976	268	ਮਿਥਿਆ ਸ੍ਰਵਨ ਪਰ ਨਿੰਦਾ ਸੁਨਹਿ॥		Mithhiaa Sravan Par Nindhaa Sunehi ||	False are the ears which listen to the slander of others.	(ਮਨੁੱਖ ਦੇ) ਕੰਨ ਵਿਅਰਥ ਹਨ (ਜੇ ਉਹ) ਪਰਾਈ ਬਖ਼ੀਲੀ ਸੁਣਦੇ ਹਨ,
11977	268	ਮਿਥਿਆ ਹਸਤ ਪਰ ਦਰਬ ਕਉ ਹਿਰਹਿ॥	ਹਸਤ: ਪੋਲਾ ਬੋਲੋ। (ਹਸਤ) ਹੱਥ। ਹਿਰਹਿ	Mithhiaa Hasath Par Dharab Ko Hirehi ||	False are the hands which steal the wealth of others.	ਹੱਥ ਵਿਅਰਥ ਹਨ (ਜੇ ਇਹ) ਪਰਾਏ ਧਨ ਨੂੰ ਚੁਰਾਉਂਦੇ ਹਨ;
11978	269	ਮਿਥਿਆ ਨੇਤ੍ਰ ਪੇਖਤ ਪਰ ਤ੍ਰਿਅ ਰੂਪਾਦ॥		Mithhiaa Naethr Paekhath Par Thria Roopaadh ||	False are the eyes which gaze upon the beauty of another's wife.	ਅੱਖਾਂ ਵਿਅਰਥ ਹਨ (ਜੋ ਇਹ) ਪਰਾਈ ਜ਼ਨਾਨੀ ਦਾ ਰੂਪ ਤੱਕਦੀਆਂ ਹਨ,
11979	269	ਮਿਥਿਆ ਰਸਨਾ ਭੋਜਨ ਅਨ ਸ੍ਵਾਦ॥	ਸੁਆਦ	Mithhiaa Rasanaa Bhojan An Svaadh ||	False is the tongue which enjoys delicacies and external tastes.	ਜੀਭ ਵਿਅਰਥ ਹੈ (ਜੇ ਇਹ) ਖਾਣੇ ਤੇ ਹੋਰ ਸੁਆਦਾਂ ਵਿਚ (ਲੱਗੀ ਹੋਈ ਹੈ);
11980	269	ਮਿਥਿਆ ਚਰਨ ਪਰ ਬਿਕਾਰ ਕਉ ਧਾਵਹਿ॥		Mithhiaa Charan Par Bikaar Ko Dhhaavehi ||	False are the feet which run to do evil to others.	ਪੈਰ ਵਿਅਰਥ ਹਨ (ਜੇ ਇਹ) ਪਰਾਏ ਨੁਕਸਾਨ ਵਾਸਤੇ ਦੌੜ-ਭੱਜ ਰਹੇ ਹਨ।

11981	269	ਮਿਥਿਆ ਮਨ ਪਰ ਲੋਭ ਲੁਭਾਵਹਿ॥		Mithhiaa Man Par Lobh Lubhaavehi ||	False is the mind which covets the wealth of others.	ਹੇ ਮਨ! ਤੂੰ ਭੀ ਵਿਅਰਥ ਹੈਂ (ਜੇ ਤੂੰ) ਪਰਾਏ ਧਨ ਦਾ ਲੋਭ ਕਰ ਰਿਹਾ ਹੈਂ।
11982	269	ਮਿਥਿਆ ਤਨ ਨਹੀ ਪਰਉਪਕਾਰਾ॥		Mithhiaa Than Nehee Paroupakaaraa ||	False is the body which does not do good to others.	(ਉਹ) ਸਰੀਰ ਵਿਅਰਥ ਹਨ ਜੋ ਦੂਜਿਆਂ ਨਾਲ ਭਲਾਈ ਨਹੀਂ ਕਰਦੇ,
11983	269	ਮਿਥਿਆ ਬਾਸੁ ਲੇਤ ਬਿਕਾਰਾ॥		Mithhiaa Baas Laeth Bikaaraa ||	False is the nose which inhales corruption.	(ਨੱਕ) ਵਿਅਰਥ ਹੈ (ਜੋ) ਵਿਕਾਰਾਂ ਦੀ ਵਾਸ਼ਨਾ ਲੈ ਰਿਹਾ ਹੈ।
11984	269	ਬਿਨੁ ਬੂਝੇ ਮਿਥਿਆ ਸਭ ਭਏ॥	ਬੂੱਜੇ	Bin Boojhae Mithhiaa Sabh Bheae ||	Without understanding, everything is false.	(ਆਪੋ ਆਪਣੀ ਹੋਂਦ ਦਾ ਮਨੋਰਥ) ਸਮਝਣ ਤੋਂ ਬਿਨਾ (ਇਹ) ਸਾਰੇ (ਅੰਗ) ਵਿਅਰਥ ਹਨ।
11985	269	ਸਫਲ ਦੇਹ ਨਾਨਕ ਹਰਿ ਹਰਿ ਨਾਮ ਲਏ॥੫॥		Safal Dhaeh Naanak Har Har Naam Leae ||5||	Fruitful is the body, O Nanak, which takes to the Lord's Name. ||5||	ਹੇ ਨਾਨਕ! ਉਹ ਸਰੀਰ ਸਫਲ ਹੈ ਜੋ ਪ੍ਰਭੂ ਦਾ ਨਾਮ ਜਪਦਾ ਹੈ ॥੫॥
11986	269	ਬਿਰਥੀ ਸਾਕਤ ਕੀ ਆਰਜਾ॥		Birathhee Saakath Kee Aarajaa ||	The life of the faithless cynic is totally useless.	(ਰੱਬ ਨਾਲੋਂ) ਟੁੱਟੇ ਹੋਏ ਮਨੁੱਖ ਦੀ ਉਮਰ ਵਿਅਰਥ ਜਾਂਦੀ ਹੈ,
11987	269	ਸਾਚ ਬਿਨਾ ਕਹ ਹੋਵਤ ਸੂਚਾ॥		Saach Binaa Keh Hovath Soochaa ||	Without the Truth, how can anyone be pure?	(ਕਿਉਂਕਿ) ਸੱਚੇ ਪ੍ਰਭੂ (ਦੇ ਨਾਮ) ਤੋਂ ਬਿਨਾ ਉਹ ਕਿਵੇਂ ਸੁੱਚਾ ਹੋ ਸਕਦਾ ਹੈ?

11988	269	ਬਿਰਥਾ ਨਾਮ ਬਿਨਾ ਤਨੁ ਅੰਧ॥		Birathhaa Naam Binaa Than Andhh ||	Useless is the body of the spiritually blind, without the Name of the Lord.	ਨਾਮ ਤੋਂ ਬਿਨਾ ਅੰਨ੍ਹੇ (ਸਾਕਤ) ਦਾ ਸਰੀਰ (ਹੀ) ਕਿਸੇ ਕੰਮ ਨਹੀਂ,
11989	269	ਮੁਖਿ ਆਵਤ ਤਾ ਕੈ ਦੁਰਗੰਧ॥		Mukh Aavath Thaa Kai Dhuragandhh ||	From his mouth, a foul smell issues forth.	(ਕਿਉਂਕਿ) ਉਸ ਦੇ ਮੂੰਹ ਵਿਚੋਂ (ਨਿੰਦਾ ਆਦਿਕ) ਬਦ-ਬੂ ਆਉਂਦੀ ਹੈ।
11990	269	ਬਿਨੁ ਸਿਮਰਨ ਦਿਨੁ ਰੈਨਿ ਬ੍ਰਿਥਾ ਬਿਹਾਇ॥		Bin Simaran Dhin Rain Brithhaa Bihaae ||	Without the remembrance of the Lord, day and night pass in vain,	ਜਿਵੇਂ ਵਰਖਾ ਤੋਂ ਬਿਨਾ ਪੈਲੀ ਨਿਸਫਲ ਜਾਂਦੀ ਹੈ,
11991	269	ਮੇਘ ਬਿਨਾ ਜਿਉ ਖੇਤੀ ਜਾਇ॥		Maegh Binaa Jio Khaethee Jaae ||	Like the crop which withers without rain.	(ਤਿਵੇਂ) ਸਿਮਰਨ ਤੋਂ ਬਿਨਾ (ਸਾਕਤ ਦੇ) ਦਿਨ ਰਾਤ ਅੱਫਲ ਚਲੇ ਜਾਂਦੇ ਹਨ,
11992	269	ਗੋਬਿਦ ਭਜਨ ਬਿਨੁ ਬ੍ਰਿਥੇ ਸਭ ਕਾਮ॥	ਇਸ ਔਰਡਰ ਵਿੱਚ ਬੋਲੋਬਿ ਥੇ	Gobidh Bhajan Bin Brithhae Sabh Kaam ||	Without meditation on the Lord of the Universe, all works are in vain,	ਪ੍ਰਭੂ ਦੇ ਭਜਨ ਤੋਂ ਸੱਖਣਾ ਰਹਿਣ ਕਰਕੇ (ਮਨੁੱਖ ਦੇ) ਸਾਰੇ ਹੀ ਕੰਮ ਕਿਸੇ ਅਰਥ ਨਹੀਂ,
11993	269	ਜਿਉ ਕਿਰਪਨ ਕੇ ਨਿਰਾਰਥ ਦਾਮ॥		Jio Kirapan Kae Niraarathh Dhaam ||	Like the wealth of a miser, which lies useless.	(ਕਿਉਂਕਿ ਇਹ ਕੰਮ ਇਸ ਦਾ ਆਪਣਾ ਕੁਝ ਨਹੀਂ ਸਵਾਰਦੇ) ਜਿਵੇਂ ਕੰਜੂਸ ਦਾ ਧਨ ਉਸ ਦੇ ਆਪਣੇ ਕਿਸੇ ਕੰਮ ਨਹੀਂ।
11994	269	ਧੰਨਿ ਧੰਨਿ ਤੇ ਜਨ ਜਿਹ ਘਟਿ ਬਸਿਓ ਹਰਿ ਨਾਉ॥		Dhann Dhann Thae Jan Jih Ghatt Basiou Har Naao ||	Blessed, blessed are those, whose hearts are filled with the Name of the Lord.	ਉਹ ਮਨੁੱਖ ਮੁਬਾਰਿਕ ਹਨ, ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਵੱਸਦਾ ਹੈ,

11995	269	ਨਾਨਕ ਤਾ ਕੈ ਬਲਿ ਬਲਿ ਜਾਉ॥੬॥		Naanak Thaa Kai Bal Bal Jaao ||6||	Nanak is a sacrifice, a sacrifice to them. ||6||	ਹੇ ਨਾਨਕ! (ਆਖ ਕਿ) ਮੈਂ ਉਹਨਾਂ (ਗੁਰਮੁਖਾਂ) ਤੋਂ ਸਦਕੇ ਜਾਂਦਾ ਹਾਂ ॥੬॥
11996	269	ਰਹਤ ਅਵਰ ਕਛੁ ਅਵਰ ਕਮਾਵਤ॥		Rehath Avar Kashh Avar Kamaavath ||	He says one thing, and does something else.	ਧਰਮ ਦੇ ਬਾਹਰਲੇ ਧਾਰੇ ਹੋਏ ਚਿੰਨ੍ਹ ਹੋਰ ਹਨ ਤੇ ਅਮਲੀ ਜ਼ਿੰਦਗੀ ਕੁਝ ਹੋਰ ਹੈ;
11997	269	ਮਨਿ ਨਹੀ ਪ੍ਰੀਤਿ ਮੁਖਹੁ ਗੰਢ ਲਾਵਤ॥		Man Nehee Preeth Mukhahu Gandt Laavath ||	There is no love in his heart, and yet with his mouth he talks tall.	ਮਨ ਵਿਚ (ਤਾਂ) ਪ੍ਰਭੂ ਨਾਲ ਪਿਆਰ ਨਹੀਂ, ਮੂੰਹ ਦੀਆਂ ਗੱਲਾਂ ਨਾਲ ਘਰ ਪੂਰਾ ਕਰਦਾ ਹੈ।
11998	269	ਜਾਨਨਹਾਰ ਪ੍ਰਭੂ ਪਰਬੀਨ॥		Jaananehaar Prabhoo Parabeen ||	The Omniscient Lord God is the Knower of all.	(ਪਰ ਦਿਲ ਦੀਆਂ) ਜਾਣਨ ਵਾਲਾ ਪ੍ਰਭੂ ਸਿਆਣਾ ਹੈ,
11999	269	ਬਾਹਰਿ ਭੇਖ ਨ ਕਾਹੂ ਭੀਨ॥		Baahar Bhaekh N Kaahoo Bheen ||	He is not impressed by outward display.	(ਉਹ ਕਦੇ) ਕਿਸੇ ਦੇ ਬਾਹਰਲੇ ਭੇਖ ਨਾਲ ਪ੍ਰਸੰਨ ਨਹੀਂ ਹੋਇਆ।
12000	269	ਅਵਰ ਉਪਦੇਸੈ ਆਪਿ ਨ ਕਰੈ॥		Avar Oupadhaesai Aap N Karai ||	One who does not practice what he preaches to others,	(ਜੋ ਮਨੁੱਖ) ਹੋਰਨਾਂ ਨੂੰ ਮੱਤਾਂ ਦੇਂਦਾ ਹੈ (ਪਰ) ਆਪ ਨਹੀਂ ਕਮਾਉਂਦਾ,
12001	269	ਆਵਤ ਜਾਵਤ ਜਨਮੈ ਮਰੈ॥		Aavath Jaavath Janamai Marai ||	Shall come and go in reincarnation, through birth and death.	ਉਹ ਸਦਾ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ।
12002	269	ਜਿਸ ਕੈ ਅੰਤਰਿ ਬਸੈ ਨਿਰੰਕਾਰੁ॥		Jis Kai Anthar Basai Nirankaar ||	One whose inner being is filled with the Formless Lord	ਜਿਸ ਮਨੁੱਖ ਦੇ ਹਿਰਦੇ ਵਿਚ ਨਿਰੰਕਾਰ ਵੱਸਦਾ ਹੈ,

12003	269	ਤਿਸ ਕੀ ਸੀਖ ਤਰੈ ਸੰਸਾਰੁ॥		This Kee Seekh Tharai Sansaar ||	By his teachings, the world is saved.	ਉਸ ਦੀ ਸਿੱਖਿਆ ਨਾਲ ਜਗਤ (ਵਿਕਾਰਾਂ ਤੋਂ) ਬਚਦਾ ਹੈ।
12004	269	ਜੋ ਤੁਮ ਭਾਨੇ ਤਿਨ ਪ੍ਰਭੁ ਜਾਤਾ॥		Jo Thum Bhaanae Thin Prabh Jaathaa ||	Those who are pleasing to You, God, know You.	(ਹੇ ਪ੍ਰਭੂ!) ਜੋ (ਭਗਤ) ਤੈਨੂੰ ਪਿਆਰੇ ਲੱਗਦੇ ਹਨ ਉਹਨਾਂ ਨੇ ਤੈਨੂੰ ਪਛਾਣਿਆ ਹੈ।
12005	269	ਨਾਨਕ ਉਨ ਜਨ ਚਰਨ ਪਰਾਤਾ॥੭॥		Naanak Oun Jan Charan Paraathaa ||7||	Nanak falls at their feet. ||7||	ਹੇ ਨਾਨਕ! (ਆਖ)-ਮੈਂ ਉਹਨਾਂ (ਭਗਤਾਂ) ਦੇ ਚਰਨਾਂ ਤੇ ਪੈਂਦਾ ਹਾਂ ॥੭॥
12006	269	ਕਰਉ ਬੇਨਤੀ ਪਾਰਬ੍ਰਹਮੁ ਸਭੁ ਜਾਨੈ॥		Karo Baenathee Paarabreham Sabh Jaanai ||	Offer your prayers to the Supreme Lord God, who knows everything.	(ਜੋ ਜੋ) ਬੇਨਤੀ ਮੈਂ ਕਰਦਾ ਹਾਂ, ਪ੍ਰਭੂ ਸਭ ਜਾਣਦਾ ਹੈ,
12007	269	ਅਪਨਾ ਕੀਆ ਆਪਹਿ ਮਾਨੈ॥		Apanaa Keeaa Aapehi Maanai ||	He Himself values His own creatures.	ਆਪਣੇ ਪੈਦਾ ਕੀਤੇ ਜੀਵ ਨੂੰ ਉਹ ਆਪ ਹੀ ਮਾਣ ਬਖ਼ਸ਼ਦਾ ਹੈ।
12008	269	ਆਪਹਿ ਆਪ ਆਪਿ ਕਰਤ ਨਿਬੇਰਾ॥		Aapehi Aap Aap Karath Nibaeraa ||	He Himself, by Himself, makes the decisions.	(ਜੀਵਾਂ ਦੇ ਕੀਤੇ ਕਰਮਾਂ ਅਨੁਸਾਰ) ਪ੍ਰਭੂ ਆਪ ਹੀ ਨਿਖੇੜਾ ਕਰਦਾ ਹੈ,
12009	269	ਕਿਸੈ ਦੂਰਿ ਜਨਾਵਤ ਕਿਸੈ ਬੁਝਾਵਤ ਨੇਰਾ॥		Kisai Dhoor Janaavath Kisai Bujhaavath Naeraa ||	To some, He appears far away, while others perceive Him near at hand.	(ਭਾਵ) ਕਿਸੇ ਨੂੰ ਇਹ ਬੁਧਿ ਬਖ਼ਸ਼ਦਾ ਹੈ ਕਿ ਪ੍ਰਭੂ ਸਾਡੇ ਨੇੜੇ ਹੈ ਤੇ ਕਿਸੇ ਨੂੰ ਜਣਾਉਂਦਾ ਹੈ ਕਿ ਪ੍ਰਭੂ ਕਿਤੇ ਦੂਰ ਹੈ।

12010	269	ਉਪਾਵ ਸਿਆਨਪ ਸਗਲ ਤੇ ਰਹਤ॥	ਰਹ–ਤ	Oupaav Siaanap Sagal Thae Rehath ||	He is beyond all efforts and clever tricks.	ਸਭ ਹੀਲਿਆਂ ਤੇ ਚਤੁਰਾਈਆਂ ਤੋਂ (ਪ੍ਰਭੂ) ਪਰੇ ਹੈ (ਭਾਵ, ਕਿਸੇ ਹੀਲੇ ਚਤੁਰਾਈ ਨਾਲ ਪ੍ਰਸੰਨ ਨਹੀਂ ਹੁੰਦਾ)
12011	269	ਸਭੁ ਕਛੁ ਜਾਨੈ ਆਤਮ ਕੀ ਰਹਤ॥		Sabh Kashh Jaanai Aatham Kee Rehath ||	He knows all the ways and means of the soul.	(ਕਿਉਂਕਿ ਉਹ ਜੀਵ ਦੀ) ਆਤਮਕ ਰਹਿਣੀ ਦੀ ਹਰੇਕ ਗੱਲ ਜਾਣਦਾ ਹੈ।
12012	269	ਜਿਸੁ ਭਾਵੈ ਤਿਸੁ ਲਏ ਲੜਿ ਲਾਇ॥		Jis Bhaavai This Leae Larr Laae ||	Those with whom He is pleased are attached to the hem of His robe.	ਜੋ (ਜੀਵ) ਉਸ ਨੂੰ ਭਾਉਂਦਾ ਹੈ ਉਸ ਨੂੰ ਆਪਣੇ ਲੜ ਲਾਉਂਦਾ ਹੈ,
12013	269	ਥਾਨ ਥਨੰਤਰਿ ਰਹਿਆ ਸਮਾਇ॥		Thhaan Thhananthar Rehiaa Samaae ||	He is pervading all places and interspaces.	ਪ੍ਰਭੂ ਹਰ ਥਾਂ ਮੌਜੂਦ ਹੈ।
12014	269	ਸੋ ਸੇਵਕੁ ਜਿਸੁ ਕਿਰਪਾ ਕਰੀ॥		So Saevak Jis Kirapaa Karee ||	Those upon whom He bestows His favor, become His servants.	ਉਹੀ ਮਨੁੱਖ (ਅਸਲੀ) ਸੇਵਕ ਬਣਦਾ ਹੈ ਜਿਸ ਉਤੇ ਪ੍ਰਭੂ ਮੇਹਰ ਕਰਦਾ ਹੈ।
12015	269	ਨਿਮਖ ਨਿਮਖ ਜਪਿ ਨਾਨਕ ਹਰੀ॥੮॥੫॥		Nimakh Nimakh Jap Naanak Haree ||8||5||	Each and every moment, O Nanak, meditate on the Lord. ||8||5||	ਹੇ ਨਾਨਕ! (ਐਸੇ) ਪ੍ਰਭੂ ਨੂੰ ਦਮ-ਬ-ਦਮ ਯਾਦ ਕਰ ॥੮॥੫॥
12016	269	ਸਲੋਕੁ॥		Salok ||	Shalok:	
12017	269	ਕਾਮ ਕ੍ਰੋਧ ਅਰੁ ਲੋਭ ਮੋਹ ਬਿਨਸਿ ਜਾਇ ਅਹੰਮੇਵ॥		Kaam Krodhh Ar Lobh Moh Binas Jaae Ahanmaev ||	Sexual desire, anger, greed and emotional attachment - may these be gone, and egotism as well.	(ਮੇਰਾ) ਕਾਮ, ਕ੍ਰੋਧ, ਲੋਭ, ਮੋਹ ਅਤੇ ਅਹੰਕਾਰ ਦੂਰ ਹੋ ਜਾਏ-

12018	269	ਨਾਨਕ ਪ੍ਰਭ ਸਰਣਾਗਤੀ ਕਰਿ ਪ੍ਰਸਾਦੁ ਗੁਰਦੇਵ॥੧॥		Naanak Prabh Saranaagathee Kar Prasaadh Guradhaev ||1||	Nanak seeks the Sanctuary of God; please bless me with Your Grace, O Divine Guru. ||1||	ਹੇ ਨਾਨਕ! (ਬੇਨਤੀ ਕਰ ਤੇ ਆਖ)-ਹੇ ਗੁਰਦੇਵ! ਹੇ ਪ੍ਰਭੂ! ਮੈਂ ਸਰਣ ਆਇਆ ਹਾਂ (ਮੇਰੇ ਉਤੇ) ਮੇਹਰ ਕਰ ॥੧॥
12019	269	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ।	Asattapadhee ||	Ashtapadee:	
12020	269	ਜਿਹ ਪ੍ਰਸਾਦਿ ਛਤੀਹ ਅੰਮ੍ਰਿਤ ਖਾਹਿ॥	ਛੱਤੀਹ	Jih Prasaadh Shhatheeh Anmrith Khaahi ||	By His Grace, you partake of the thirty-six delicacies;	(ਹੇ ਭਾਈ!) ਜਿਸ (ਪ੍ਰਭੂ) ਦੀ ਕ੍ਰਿਪਾ ਨਾਲ ਤੂੰ ਕਈ ਕਿਸਮਾਂ ਦੇ ਸੁਆਦਲੇ ਖਾਣੇ ਖਾਂਦਾ ਹੈਂ,
12021	269	ਤਿਸੁ ਠਾਕੁਰ ਕਉ ਰਖੁ ਮਨ ਮਾਹਿ॥		This Thaakur Ko Rakh Man Maahi ||	Enshrine that Lord and Master within your mind.	ਉਸ ਨੂੰ ਮਨ ਵਿਚ (ਚੇਤੇ) ਰੱਖ।
12022	269	ਜਿਹ ਪ੍ਰਸਾਦਿ ਸੁਗੰਧਤ ਤਨਿ ਲਾਵਹਿ॥		Jih Prasaadh Sugandhhath Than Laavehi ||	By His Grace, you apply scented oils to your body;	ਜਿਸ ਦੀ ਮਿਹਰ ਨਾਲ ਆਪਣੇ ਸਰੀਰ ਉਤੇ ਤੂੰ ਸੁਗੰਧੀਆਂ ਲਾਉਂਦਾ ਹੈਂ,
12023	269	ਤਿਸ ਕਉ ਸਿਮਰਤ ਪਰਮਗਤਿ ਪਾਵਹਿ॥		This Ko Simarath Param Gath Paavehi ||	Remembering Him, the supreme status is obtained.	ਉਸ ਨੂੰ ਯਾਦ ਕੀਤਿਆਂ ਤੂੰ ਉੱਚਾ ਦਰਜਾ ਹਾਸਲ ਕਰ ਲਏਂਗਾ।

12024	269	ਜਿਹ ਪ੍ਰਸਾਦਿ ਬਸਹਿ ਸੁਖ ਮੰਦਰਿ॥	ਬਸ-ਹਿ	Jih Prasaadh Basehi Sukh Mandhar ||	By His Grace, you dwell in the palace of peace;	ਜਿਸ ਦੀ ਦਇਆ ਨਾਲ ਤੂੰ ਸੁਖ-ਮਹਲਾਂ ਵਿਚ ਵੱਸਦਾ ਹੈਂ,
12025	269	ਤਿਸਹਿ ਧਿਆਇ ਸਦਾ ਮਨ ਅੰਦਰਿ॥		Thisehi Dhhiaae Sadhaa Man Andhar ||	Meditate forever on Him within your mind.	ਉਸ ਨੂੰ ਸਦਾ ਮਨ ਵਿਚ ਸਿਮਰ।
12026	269	ਜਿਹ ਪ੍ਰਸਾਦਿ ਗ੍ਰਿਹ ਸੰਗਿ ਸੁਖ ਬਸਨਾ॥	ਗ੍ਰਿਹ	Jih Prasaadh Grih Sang Sukh Basanaa ||	By His Grace, you abide with your family in peace;	ਜਿਸ (ਪ੍ਰਭੂ) ਦੀ ਕ੍ਰਿਪਾ ਨਾਲ ਤੂੰ ਘਰ ਮੌਜਾਂ ਨਾਲ ਵੱਸ ਰਿਹਾ ਹੈਂ,
12027	269	ਆਠ ਪਹਰ ਸਿਮਰਹੁ ਤਿਸੁ ਰਸਨਾ॥		Aath Pehar Simarahu This Rasanaa ||	Keep His remembrance upon your tongue, twenty-four hours a day.	ਉਸ ਨੂੰ ਜੀਭ ਨਾਲ ਅੱਠੇ ਪਹਰ ਯਾਦ ਕਰ।
12028	269	ਜਿਹ ਪ੍ਰਸਾਦਿ ਰੰਗ ਰਸ ਭੋਗ॥		Jih Prasaadh Rang Ras Bhog ||	By His Grace, you enjoy tastes and pleasures;	ਜਿਸ (ਪ੍ਰਭੂ) ਦੀ ਬਖ਼ਸ਼ਸ਼ ਕਰਕੇ ਚੋਜ-ਤਮਾਸ਼ੇ, ਸੁਆਦਲੇ ਖਾਣੇ ਤੇ ਪਦਾਰਥ (ਨਸੀਬ ਹੁੰਦੇ ਹਨ)
12029	269	ਨਾਨਕ ਸਦਾ ਧਿਆਈਐ ਧਿਆਵਨ ਜੋਗ॥੧॥		Naanak Sadhaa Dhhiaaeeai Dhhiaavan Jog ||1||	O Nanak, meditate forever on the One, who is worthy of meditation. ||1||	ਹੇ ਨਾਨਕ! ਉਸ ਧਿਆਉਣ-ਜੋਗ ਨੂੰ ਸਦਾ ਹੀ ਧਿਆਉਣਾ ਚਾਹੀਦਾ ਹੈ ॥੧॥

12030	269	ਜਿਹ ਪ੍ਰਸਾਦਿ ਪਾਟ ਪਟੰਬਰ ਹਢਾਵਹਿ॥		Jih Prasaadh Paatt Pattanbar Hadtaavehi ||	By His Grace, you wear silks and satins;	(ਹੇ ਮਨ!) ਜਿਸ (ਪ੍ਰਭੂ) ਦੀ ਕ੍ਰਿਪਾ ਨਾਲ ਤੂੰ ਰੇਸ਼ਮੀ ਕੱਪੜੇ ਹੰਢਾਉਂਦਾ ਹੈਂ,
12031	269	ਤਿਸਹਿ ਤਿਆਗਿ ਕਤ ਅਵਰ ਲੁਭਾਵਹਿ॥		Thisehi Thiaag Kath Avar Lubhaavehi ||	Why abandon Him, to attach yourself to another?	ਉਸ ਨੂੰ ਵਿਸਾਰ ਕੇ ਹੋਰ ਕਿੱਥੇ ਲੋਭ ਕਰ ਰਿਹਾ ਹੈਂ?
12032	269	ਜਿਹ ਪ੍ਰਸਾਦਿ ਸੁਖਿ ਸੇਜ ਸੋਈਜੈ॥		Jih Prasaadh Sukh Saej Soeejai ||	By His Grace, you sleep in a cozy bed;	ਜਿਸ ਦੀ ਮਿਹਰ ਨਾਲ ਸੇਜ ਉੱਤੇ ਸੁਖੀ ਸਵੀਂਦਾ ਹੈ,
12033	269	ਮਨ ਆਠ ਪਹਰ ਤਾ ਕਾ ਜਸੁ ਗਾਵੀਜੈ॥		Man Aath Pehar Thaa Kaa Jas Gaaveejai ||	O my mind, sing His Praises, twenty-four hours a day.	ਹੇ ਮਨ! ਉਸ ਪ੍ਰਭੂ ਦਾ ਜਸ ਅੱਠੇ ਪਹਰ ਗਾਉਣਾ ਚਾਹੀਦਾ ਹੈ।
12034	269	ਜਿਹ ਪ੍ਰਸਾਦਿ ਤੁਝੁ ਸਭੁ ਕੋਊ ਮਾਨੈ॥		Jih Prasaadh Thujh Sabh Kooo Maanai ||	By His Grace, you are honored by everyone;	ਜਿਸ ਦੀ ਮੇਹਰ ਨਾਲ ਹਰੇਕ ਮਨੁੱਖ ਤੇਰਾ ਆਦਰ ਕਰਦਾ ਹੈ,
12035	270	ਮੁਖਿ ਤਾ ਕੋ ਜਸੁ ਰਸਨ ਬਖਾਨੈ॥		Mukh Thaa Ko Jas Rasan Bakhaanai ||	With your mouth and with your tongue, chant His Praises.	ਉਸ ਦੀ ਵਡਿਆਈ (ਆਪਣੇ) ਮੂੰਹੋਂ ਜੀਭ ਨਾਲ (ਸਦਾ) ਕਰ।
12036	270	ਜਿਹ ਪ੍ਰਸਾਦਿ ਤੇਰੋ ਰਹਤਾ ਧਰਮੁ॥		Jih Prasaadh Thaero Rehathaa Dhharam ||	By His Grace, you remain in the Dharma;	ਜਿਸ (ਪ੍ਰਭੂ) ਦੀ ਕ੍ਰਿਪਾ ਨਾਲ ਤੇਰਾ ਧਰਮ (ਕਾਇਮ) ਰਹਿੰਦਾ ਹੈ,

12037	270	ਮਨ ਸਦਾ ਧਿਆਇ ਕੇਵਲ ਪਾਰਬ੍ਰਹਮੁ॥		Man Sadhaa Dhhiaae Kaeval Paarabreham ||	O mind, meditate continually on the Supreme Lord God.	ਹੇ ਮਨ! ਤੂੰ ਸਦਾ ਉਸ ਪਰਮੇਸ਼ਰ ਨੂੰ ਸਿਮਰ।
12038	270	ਪ੍ਰਭ ਜੀ ਜਪਤ ਦਰਗਹ ਮਾਨੁ ਪਾਵਹਿ॥		Prabh Jee Japath Dharageh Maan Paavehi ||	Meditating on God, you shall be honored in His Court;	ਪਰਮਾਤਮਾ ਦਾ ਭਜਨ ਕੀਤਿਆਂ (ਉਸ ਦੀ) ਦਰਗਾਹ ਵਿਚ ਮਾਣ ਪਾਵਹਿੰਗਾ,
12039	270	ਨਾਨਕ ਪਤਿ ਸੇਤੀ ਘਰਿ ਜਾਵਹਿ॥੨॥		Naanak Path Saethee Ghar Jaavehi ||2||	O Nanak, you shall return to your true home with honor. ||2||	ਤੇ, ਹੇ ਨਾਨਕ! (ਇਥੋਂ) ਇੱਜ਼ਤ ਨਾਲ ਆਪਣੇ (ਪਰਲੋਕ ਦੇ) ਘਰ ਵਿਚ ਜਾਵਹਿੰਗਾ ॥੨॥
12040	270	ਜਿਹ ਪ੍ਰਸਾਦਿ ਆਰੋਗ ਕੰਚਨ ਦੇਹੀ॥		Jih Prasaadh Aarog Kanchan Dhaehee ||	By His Grace, you have a healthy, golden body;	ਜਿਸ (ਪ੍ਰਭੂ) ਦੀ ਕ੍ਰਿਪਾ ਨਾਲ ਸੋਨੇ ਵਰਗਾ ਤੇਰਾ ਨਰੋਆ ਜਿਸਮ ਹੈ,
12041	270	ਲਿਵ ਲਾਵਹੁ ਤਿਸੁ ਰਾਮ ਸਨੇਹੀ॥		Liv Laavahu This Raam Sanaehee ||	Attune yourself to that Loving Lord.	ਉਸ ਪਿਆਰੇ ਰਾਮ ਨਾਲ ਲਿਵ ਜੋੜ।
12042	270	ਜਿਹ ਪ੍ਰਸਾਦਿ ਤੇਰਾ ਓਲਾ ਰਹਤ॥		Jih Prasaadh Thaeraa Oulaa Rehath ||	By His Grace, your honor is preserved;	ਜਿਸ ਦੀ ਮਿਹਰ ਨਾਲ ਤੇਰਾ ਪਰਦਾ ਬਣਿਆ ਰਹਿੰਦਾ ਹੈ,

12043	270	ਮਨ ਸੁਖੁ ਪਾਵਹਿ ਹਰਿ ਹਰਿ ਜਸੁ ਕਹਤ॥		Man Sukh Paavehi Har Har Jas Kehath ||	O mind, chant the Praises of the Lord, Har, Har, and find peace.	ਹੇ ਮਨ! ਉਸ ਹਰੀ ਦੀ ਸਿਫ਼ਤ-ਸਲਾਹ ਕਰ ਕੇ ਸੁਖ ਪ੍ਰਾਪਤ ਕਰ।
12044	270	ਜਿਹ ਪ੍ਰਸਾਦਿ ਤੇਰੇ ਸਗਲ ਛਿਦ੍ਰ ਢਾਕੇ॥	ਛਿੱਦ੍ਰ	Jih Prasaadh Thaerae Sagal Shhidhr Dtaakae ||	By His Grace, all your deficits are covered;	ਹੇ ਮਨ! ਜਿਸ ਦੀ ਦਇਆ ਨਾਲ ਤੇਰੇ ਸਾਰੇ ਐਬ ਢੱਕੇ ਰਹਿੰਦੇ ਹਨ,
12045	270	ਮਨ ਸਰਨੀ ਪਰੁ ਠਾਕੁਰ ਪ੍ਰਭ ਤਾ ਕੈ॥		Man Saranee Par Thaakur Prabh Thaa Kai ||	O mind, seek the Sanctuary of God, our Lord and Master.	ਹੇ ਮਨ! ਉਸ ਪ੍ਰਭੂ ਠਾਕੁਰ ਦੀ ਸਰਣ ਪਉ।
12046	270	ਜਿਹ ਪ੍ਰਸਾਦਿ ਤੁਝੁ ਕੋ ਨ ਪਹੂਚੈ॥		Jih Prasaadh Thujh Ko N Pehoochai ||	By His Grace, no one can rival you;	ਜਿਸ ਦੀ ਕਿਰਪਾ ਨਾਲ ਕੋਈ ਤੇਰੀ ਬਰਾਬਰੀ ਨਹੀਂ ਕਰ ਸਕਦਾ,
12047	270	ਮਨ ਸਾਸਿ ਸਾਸਿ ਸਿਮਰਹੁ ਪ੍ਰਭ ਊਚੇ॥		Man Saas Saas Simarahu Prabh Oochae ||	O mind, with each and every breath, remember God on High.	ਹੇ ਮਨ! ਉਸ ਉਚੇ ਪ੍ਰਭੂ ਨੂੰ ਸ੍ਵਾਸ ਸ੍ਵਾਸ ਯਾਦ ਕਰ।
12048	270	ਜਿਹ ਪ੍ਰਸਾਦਿ ਪਾਈ ਦੁਲਭ ਦੇਹ॥		Jih Prasaadh Paaee Dhraalabh Dhaeh ||	By His Grace, you obtained this precious human body;	ਜਿਸ ਦੀ ਕਿਰਪਾ ਨਾਲ ਤੈਨੂੰ ਇਹ ਮਨੁੱਖਾ-ਸਰੀਰ ਲੱਭਾ ਹੈ ਜੋ ਬੜੀ ਮੁਸ਼ਕਿਲ ਨਾਲ ਮਿਲਦਾ ਹੈ,
12049	270	ਨਾਨਕ ਤਾ ਕੀ ਭਗਤਿ ਕਰੇਹ॥੩॥		Naanak Thaa Kee Bhagath Karaeh ||3||	O Nanak, worship Him with devotion. ||3||	ਹੇ ਨਾਨਕ! ਉਸ ਪ੍ਰਭੂ ਦੀ ਭਗਤੀ ਕਰ ॥੩॥

12050	270	ਜਿਹ ਪ੍ਰਸਾਦਿ ਆਭੂਖਨ ਪਹਿਰੀਜੈ॥		Jih Prasaadh Aabhookhan Pehireejai ||	By His Grace, you wear decorations;	ਜਿਸ (ਪ੍ਰਭੂ) ਦੀ ਕਿਰਪਾ ਨਾਲ ਗਹਣੇ ਪਹਿਨੀਦੇ ਹਨ,
12051	270	ਮਨ ਤਿਸੁ ਸਿਮਰਤ ਕਿਉ ਆਲਸੁ ਕੀਜੈ॥		Man This Simarath Kio Aalas Keejai ||	O mind, why are you so lazy? Why don't you remember Him in meditation?	ਹੇ ਮਨ! ਉਸ ਨੂੰ ਸਿਮਰਦਿਆਂ ਕਿਉਂ ਆਲਸ ਕੀਤਾ ਜਾਏ?
12052	270	ਜਿਹ ਪ੍ਰਸਾਦਿ ਅਸ੍ਵ ਹਸਤਿ ਅਸਵਾਰੀ॥	ਹਸਤਿ: ਪੋਲਾ ਬੋਲੋ। (ਹਸਤਿ) ਹਾਥੀ। ਅਸ੍ਵ: ਵਾਵਾ ਅੱਧਾ ਜਾਣਕੇ ਪੋਲਾ ਬੋਲੋ	Jih Prasaadh Asv Hasath Asavaaree ||	By His Grace, you have horses and elephants to ride;	ਜਿਸ ਦੀ ਮੇਹਰ ਨਾਲ ਘੋੜੇ ਤੇ ਹਾਥੀਆਂ ਦੀ ਸਵਾਰੀ ਕਰਦਾ ਹੈਂ,
12053	270	ਮਨ ਤਿਸੁ ਪ੍ਰਭ ਕਉ ਕਬਹੂ ਨ ਬਿਸਾਰੀ॥		Man This Prabh Ko Kabehoo N Bisaaree ||	O mind, never forget that God.	ਹੇ ਮਨ! ਉਸ ਪ੍ਰਭੂ ਨੂੰ ਕਦੇ ਨਾਹ ਵਿਸਾਰੀਂ।
12054	270	ਜਿਹ ਪ੍ਰਸਾਦਿ ਬਾਗ ਮਿਲਖ ਧਨਾ॥		Jih Prasaadh Baag Milakh Dhhanaa ||	By His Grace, you have land, gardens and wealth;	ਜਿਸ ਦੀ ਦਇਆ ਨਾਲ ਬਾਗ ਜ਼ਮੀਨਾਂ ਤੇ ਧਨ (ਤੈਨੂੰ ਨਸੀਬ ਹਨ)
12055	270	ਰਾਖੁ ਪਰੋਇ ਪ੍ਰਭੁ ਅਪੁਨੇ ਮਨਾ॥		Raakh Paroe Prabh Apunae Manaa ||	Keep God enshrined in your heart.	ਉਸ ਪ੍ਰਭੂ ਨੂੰ ਆਪਣੇ ਮਨ ਵਿਚ ਪ੍ਰੋ ਰੱਖ।
12056	270	ਜਿਨਿ ਤੇਰੀ ਮਨ ਬਨਤ ਬਨਾਈ॥	ਬਨਤ: ਪੋਲਾ ਬੋਲੋ	Jin Thaeree Man Banath Banaaee ||	O mind, the One who formed your form	ਹੇ ਮਨ! ਜਿਸ (ਪ੍ਰਭੂ) ਨੇ ਤੈਨੂੰ ਸਾਜਿਆ ਹੈ,

12057	270	ਊਠਤ ਬੈਠਤ ਸਦ ਤਿਸਹਿ ਧਿਆਈ॥		Oothath Baithath Sadh Thisehi Dhhiaaee ||	Standing up and sitting down, meditate always on Him.	ਉਠਦੇ ਬੈਠਦੇ (ਭਾਵ, ਹਰ ਵੇਲੇ) ਉਸੇ ਨੂੰ ਸਦਾ ਸਿਮਰ।
12058	270	ਤਿਸਹਿ ਧਿਆਇ ਜੋ ਏਕ ਅਲਖੈ॥	ਅ-ਲਖੈ: ਪੋਲਾ ਬੋਲੋ	Thisehi Dhhiaae Jo Eaek Alakhai ||	Meditate on Him - the One Invisible Lord;	ਉਸ ਪ੍ਰਭੂ ਨੂੰ ਸਿਮਰ, ਜੋ ਇੱਕ ਹੈ, ਤੇ, ਬੇਅੰਤ ਹੈ।
12059	270	ਈਹਾ ਊਹਾ ਨਾਨਕ ਤੇਰੀ ਰਖੈ॥੪॥		Eehaa Oohaa Naanak Thaeree Rakhai ||4||	Here and hereafter, O Nanak, He shall save you. ||4||	ਹੇ ਨਾਨਕ! ਲੋਕ ਤੇ ਪਰਲੋਕ ਵਿਚ (ਉਹੀ) ਤੇਰੀ ਲਾਜ ਰੱਖਣ ਵਾਲਾ ਹੈ ॥੪॥
12060	270	ਜਿਹ ਪ੍ਰਸਾਦਿ ਕਰਹਿ ਪੁੰਨ ਬਹੁ ਦਾਨ॥		Jih Prasaadh Karehi Punn Bahu Dhaan ||	By His Grace, you give donations in abundance to charities;	ਜਿਸ (ਪ੍ਰਭੂ) ਦੀ ਕ੍ਰਿਪਾ ਨਾਲ ਤੂੰ ਬਹੁਤ ਦਾਨ ਪੁੰਨ ਕਰਦਾ ਹੈਂ,
12061	270	ਮਨ ਆਠ ਪਹਰ ਕਰਿ ਤਿਸ ਕਾ ਧਿਆਨ॥		Man Aath Pehar Kar This Kaa Dhhiaan ||	O mind, meditate on Him, twenty-four hours a day.	ਹੇ ਮਨ! ਅੱਠੇ ਪਹਿਰ ਉਸ ਦਾ ਚੇਤਾ ਕਰ।
12062	270	ਜਿਹ ਪ੍ਰਸਾਦਿ ਤੂ ਆਚਾਰ ਬਿਉਹਾਰੀ॥		Jih Prasaadh Thoo Aachaar Biouhaaree ||	By His Grace, you perform religious rituals and worldly duties;	ਜਿਸ ਦੀ ਮਿਹਰ ਨਾਲ ਤੂੰ ਰੀਤਾਂ ਰਸਮਾਂ ਕਰਨ ਜੋਗਾ ਹੋਇਆ ਹੈਂ,
12063	270	ਤਿਸੁ ਪ੍ਰਭ ਕਉ ਸਾਸਿ ਸਾਸਿ ਚਿਤਾਰੀ॥		This Prabh Ko Saas Saas Chithaaree ||	Think of God with each and every breath.	ਉਸ ਪ੍ਰਭੂ ਨੂੰ ਸ੍ਵਾਸ ਸ੍ਵਾਸ ਯਾਦ ਕਰ।

12064	270	ਜਿਹ ਪ੍ਰਸਾਦਿ ਤੇਰਾ ਸੁੰਦਰ ਰੂਪੁ॥		Jih Prasaadh Thaeraa Sundhar Roop ||	By His Grace, your form is so beautiful;	ਜਿਸ ਦੀ ਦਇਆ ਨਾਲ ਤੇਰੀ ਸੋਹਣੀ ਸ਼ਕਲ ਹੈ,
12065	270	ਸੋ ਪ੍ਰਭੁ ਸਿਮਰਹੁ ਸਦਾ ਅਨੂਪੁ॥		So Prabh Simarahu Sadhaa Anoop ||	Constantly remember God, the Incomparably Beautiful One.	ਉਸ ਸੋਹਣੇ ਮਾਲਕ ਨੂੰ ਸਦਾ ਸਿਮਰ।
12066	270	ਜਿਹ ਪ੍ਰਸਾਦਿ ਤੇਰੀ ਨੀਕੀ ਜਾਤਿ॥		Jih Prasaadh Thaeree Neekee Jaath ||	By His Grace, you have such high social status;	ਜਿਸ ਪ੍ਰਭੂ ਦੀ ਕਿਰਪਾ ਨਾਲ ਤੈਨੂੰ ਚੰਗੀ (ਮਨੁੱਖ) ਜਾਤੀ ਮਿਲੀ ਹੈ,
12067	270	ਸੋ ਪ੍ਰਭੁ ਸਿਮਰਿ ਸਦਾ ਦਿਨ ਰਾਤਿ॥		So Prabh Simar Sadhaa Dhin Raath ||	Remember God always, day and night.	ਉਸ ਨੂੰ ਸਦਾ ਦਿਨ ਰਾਤ ਯਾਦ ਕਰ।
12068	270	ਜਿਹ ਪ੍ਰਸਾਦਿ ਤੇਰੀ ਪਤਿ ਰਹੈ॥		Jih Prasaadh Thaeree Path Rehai ||	By His Grace, your honor is preserved;	ਜਿਸ ਦੀ ਮੇਹਰ ਨਾਲ ਤੇਰੀ ਇੱਜ਼ਤ (ਜਗਤ ਵਿਚ) ਬਣੀ ਹੋਈ ਹੈ (ਉਸ ਦਾ ਨਾਮ ਸਿਮਰ)।
12069	270	ਗੁਰ ਪ੍ਰਸਾਦਿ ਨਾਨਕ ਜਸੁ ਕਹੈ॥੫॥		Gur Prasaadh Naanak Jas Kehai ||5||	By Guru's Grace, O Nanak, chant His Praises. ||5||	ਹੇ ਨਾਨਕ! ਗੁਰੂ ਦੀ ਬਰਕਤਿ ਲੈ ਕੇ (ਵਡਭਾਗੀ ਮਨੁੱਖ) ਉਸ ਦੀ ਸਿਫ਼ਤ-ਸਾਲਾਹ ਕਰਦਾ ਹੈ ॥੫॥
12070	270	ਜਿਹ ਪ੍ਰਸਾਦਿ ਸੁਨਹਿ ਕਰਨ ਨਾਦ॥		Jih Prasaadh Sunehi Karan Naadh ||	By His Grace, you listen to the sound current of the Naad.	ਜਿਸ ਦੀ ਕ੍ਰਿਪਾ ਨਾਲ ਤੂੰ (ਆਪਣੇ) ਕੰਨਾਂ ਨਾਲ ਆਵਾਜ਼ ਸੁਣਦਾ ਹੈਂ (ਭਾਵ, ਤੈਨੂੰ ਸੁਣਨ ਦੀ ਤਾਕਤ ਮਿਲੀ ਹੈ),

12071	270	ਜਿਹ ਪ੍ਰਸਾਦਿ ਪੇਖਹਿ ਬਿਸਮਾਦ॥		Jih Prasaadh Paekhehi Bisamaadh ||	By His Grace, you behold amazing wonders.	ਜਿਸ ਦੀ ਮੇਹਰ ਨਾਲ ਅਚਰਜ ਨਜ਼ਾਰੇ ਵੇਖਦਾ ਹੈਂ;
12072	270	ਜਿਹ ਪ੍ਰਸਾਦਿ ਬੋਲਹਿ ਅੰਮ੍ਰਿਤ ਰਸਨਾ॥		Jih Prasaadh Bolehi Anmrith Rasanaa ||	By His Grace, you speak ambrosial words with your tongue.	ਜਿਸ ਦੀ ਬਰਕਤਿ ਪਾ ਕੇ ਜੀਭ ਨਾਲ ਮਿੱਠੇ ਬੋਲ ਬੋਲਦਾ ਹੈਂ,
12073	270	ਜਿਹ ਪ੍ਰਸਾਦਿ ਸੁਖਿ ਸਹਜੇ ਬਸਨਾ॥		Jih Prasaadh Sukh Sehajae Basanaa ||	By His Grace, you abide in peace and ease.	ਜਿਸ ਦੀ ਕਿਰਪਾ ਨਾਲ ਸੁਭਾਵਕ ਹੀ ਸੁਖੀ ਵੱਸ ਰਿਹਾ ਹੈਂ;
12074	270	ਜਿਹ ਪ੍ਰਸਾਦਿ ਹਸਤ ਕਰ ਚਲਹਿ॥	ਹਸਤ ਹੱਥ। ਚੱਲਹਿ	Jih Prasaadh Hasath Kar Chalehi ||	By His Grace, your hands move and work.	ਜਿਸ ਦੀ ਦਇਆ ਨਾਲ ਤੇਰੇ ਹੱਥ (ਆਦਿਕ ਸਾਰੇ ਅੰਗ) ਕੰਮ ਦੇ ਰਹੇ ਹਨ,
12075	270	ਜਿਹ ਪ੍ਰਸਾਦਿ ਸੰਪੂਰਨ ਫਲਹਿ॥		Jih Prasaadh Sanpooran Falehi ||	By His Grace, you are completely fulfilled.	ਜਿਸ ਦੀ ਮਿਹਰ ਨਾਲ ਤੂੰ ਹਰੇਕ ਕਾਰ-ਵਿਹਾਰ ਵਿਚ ਕਾਮਯਾਬ ਹੁੰਦਾ ਹੈਂ;
12076	270	ਜਿਹ ਪ੍ਰਸਾਦਿ ਪਰਮਗਤਿ ਪਾਵਹਿ॥		Jih Prasaadh Param Gath Paavehi ||	By His Grace, you obtain the supreme status.	ਜਿਸ ਦੀ ਬਖ਼ਸ਼ਸ਼ ਨਾਲ ਤੈਨੂੰ ਉੱਚਾ ਦਰਜਾ ਮਿਲਦਾ ਹੈ,
12077	270	ਜਿਹ ਪ੍ਰਸਾਦਿ ਸੁਖਿ ਸਹਜਿ ਸਮਾਵਹਿ॥		Jih Prasaadh Sukh Sehaj Samaavehi ||	By His Grace, you are absorbed into celestial peace.	ਅਤੇ ਤੂੰ ਸੁਖ ਤੇ ਬੇ-ਫ਼ਿਕਰੀ ਵਿਚ ਮਸਤ ਹੈਂ;

12078	270	ਐਸਾ ਪ੍ਰਭੁ ਤਿਆਗਿ ਅਵਰ ਕਤ ਲਾਗਹੁ॥	ਕਤ: ਪੋਲਾ ਬੋਲੋ	Aisaa Prabh Thiaag Avar Kath Laagahu ||	Why forsake God, and attach yourself to another?	ਅਜੇਹਾ ਪ੍ਰਭੂ ਵਿਸਾਰ ਕੇ ਤੂੰ ਹੋਰ ਕਿਸ ਪਾਸੇ ਲੱਗ ਰਿਹਾ ਹੈਂ?
12079	270	ਗੁਰ ਪ੍ਰਸਾਦਿ ਨਾਨਕ ਮਨਿ ਜਾਗਹੁ॥੬॥		Gur Prasaadh Naanak Man Jaagahu ||6||	By Guru's Grace, O Nanak, awaken your mind! ||6||	ਹੇ ਨਾਨਕ! ਗੁਰੂ ਦੀ ਬਰਕਤਿ ਲੈ ਕੇ ਮਨ ਵਿਚ ਹੁਸ਼ੀਆਰ ਹੋਹੁ ॥੬॥
12080	270	ਜਿਹ ਪ੍ਰਸਾਦਿ ਤੂੰ ਪ੍ਰਗਟੁ ਸੰਸਾਰਿ॥		Jih Prasaadh Thoon Pragatt Sansaar ||	By His Grace, you are famous all over the world;	ਜਿਸ ਪ੍ਰਭੂ ਦੀ ਕ੍ਰਿਪਾ ਨਾਲ ਤੂੰ ਜਗਤ ਵਿਚ ਸੋਭਾ ਵਾਲਾ ਹੈਂ,
12081	270	ਤਿਸੁ ਪ੍ਰਭ ਕਉ ਮੂਲਿ ਨ ਮਨਹੁ ਬਿਸਾਰਿ॥		This Prabh Ko Mool N Manahu Bisaar ||	Never forget God from your mind.	ਉਸ ਨੂੰ ਕਦੇ ਭੀ ਮਨੋਂ ਨ ਭੁਲਾ।
12082	270	ਜਿਹ ਪ੍ਰਸਾਦਿ ਤੇਰਾ ਪਰਤਾਪੁ॥		Jih Prasaadh Thaeraa Parathaap ||	By His Grace, you have prestige;	ਜਿਸ ਦੀ ਮੇਹਰ ਨਾਲ ਤੈਨੂੰ ਵਡਿਆਈ ਮਿਲੀ ਹੋਈ ਹੈ,
12083	270	ਰੇ ਮਨ ਮੂੜ ਤੂ ਤਾ ਕਉ ਜਾਪੁ॥		Rae Man Moorr Thoo Thaa Ko Jaap ||	O foolish mind, meditate on Him!	ਹੇ ਮੂਰਖ ਮਨ! ਤੂੰ ਉਸ ਪ੍ਰਭੂ ਨੂੰ ਜਪ।
12084	270	ਜਿਹ ਪ੍ਰਸਾਦਿ ਤੇਰੇ ਕਾਰਜ ਪੂਰੇ॥		Jih Prasaadh Thaerae Kaaraj Poorae ||	By His Grace, your works are completed;	ਜਿਸ ਦੀ ਕ੍ਰਿਪਾ ਨਾਲ ਤੇਰੇ (ਸਾਰੇ) ਕੰਮ ਸਿਰੇ ਚੜ੍ਹਦੇ ਹਨ,
12085	270	ਤਿਸਹਿ ਜਾਨੁ ਮਨ ਸਦਾ ਹਜੂਰੇ॥		Thisehi Jaan Man Sadhaa Hajoorae ||	O mind, know Him to be close at hand.	ਹੇ ਮਨ! ਤੂੰ ਉਸ (ਪ੍ਰਭੂ) ਨੂੰ ਸਦਾ ਅੰਗ ਸੰਗ ਜਾਣ।

12086	270	ਜਿਹ ਪ੍ਰਸਾਦਿ ਤੂੰ ਪਾਵਹਿ ਸਾਚੁ॥		Jih Prasaadh Thoon Paavehi Saach ||	By His Grace, you find the Truth;	ਜਿਸ ਦੀ ਬਰਕਤਿ ਨਾਲ ਤੈਨੂੰ ਸੱਚ ਪਰਾਪਤ ਹੁੰਦਾ ਹੈ,
12087	270	ਰੇ ਮਨ ਮੇਰੇ ਤੂੰ ਤਾ ਸਿਉ ਰਾਚੁ॥		Rae Man Maerae Thoon Thaa Sio Raach ||	O my mind, merge yourself into Him.	ਹੇ ਮੇਰੇ ਮਨ! ਤੂੰ ਉਸ (ਪ੍ਰਭੂ) ਨਾਲ ਜੁੜਿਆ ਰਹੁ।
12088	270	ਜਿਹ ਪ੍ਰਸਾਦਿ ਸਭ ਕੀ ਗਤਿ ਹੋਇ॥		Jih Prasaadh Sabh Kee Gath Hoe ||	By His Grace, everyone is saved;	ਜਿਸ (ਪਰਾਮਤਮਾ) ਦੀ ਦਇਆ ਨਾਲ ਹਰੇਕ (ਜੀਵ) ਦੀ (ਉਸ ਤਕ) ਪਹੁੰਚ ਹੋ ਜਾਂਦੀ ਹੈ, (ਉਸ ਨੂੰ ਜਪ)।
12089	270	ਨਾਨਕ ਜਾਪੁ ਜਪੈ ਜਪੁ ਸੋਇ॥੭॥		Naanak Jaap Japai Jap Soe ||7||	O Nanak, meditate, and chant His Chant. ||7||	ਹੇ ਨਾਨਕ! (ਜਿਸ ਨੂੰ ਇਹ ਦਾਤ ਮਿਲਦੀ ਹੈ) ਉਹ (ਹਰਿ-) ਜਾਪ ਹੀ ਜਪਦਾ ਹੈ ॥੭॥
12090	270	ਆਪਿ ਜਪਾਏ ਜਪੈ ਸੋ ਨਾਉ॥		Aap Japaaeae Japai So Naao ||	Those, whom He inspires to chant, chant His Name.	ਉਹੀ ਮਨੁੱਖ ਪ੍ਰਭੂ ਦਾ ਨਾਮ ਜਪਦਾ ਹੈ ਜਿਸ ਪਾਸੋਂ ਆਪ ਜਪਾਉਂਦਾ ਹੈ,
12091	270	ਆਪਿ ਗਾਵਾਏ ਸੁ ਹਰਿ ਗੁਨ ਗਾਉ॥		Aap Gaavaaeae S Har Gun Gaao ||	Those, whom He inspires to sing, sing the Glorious Praises of the Lord.	ਉਹੀ ਮਨੁੱਖ ਹਰੀ ਦੇ ਗੁਣ ਗਾਉਂਦਾ ਹੈ ਜਿਸ ਨੂੰ ਗਾਵਣ ਲਈ ਪ੍ਰੇਰਦਾ ਹੈ।
12092	271	ਪ੍ਰਭ ਕਿਰਪਾ ਤੇ ਹੋਇ ਪ੍ਰਗਾਸੁ॥		Prabh Kirapaa Thae Hoe Pragaas ||	By God's Grace, enlightenment comes.	ਪ੍ਰਭੂ ਦੀ ਮੇਹਰ ਨਾਲ (ਮਨ ਵਿਚ ਗਿਆਨ ਦਾ) ਪ੍ਰਕਾਸ਼ ਹੁੰਦਾ ਹੈ;
12093	271	ਪ੍ਰਭੂ ਦਇਆ ਤੇ ਕਮਲ ਬਿਗਾਸੁ॥		Prabhoo Dhaeiaa Thae Kamal Bigaas ||	By God's Kind Mercy, the heart-lotus blossoms forth.	ਉਸ ਦੀ ਦਇਆ ਨਾਲ ਹਿਰਦਾ-ਰੂਪ ਕਉਲ ਫੁੱਲ ਖਿੜਦਾ ਹੈ।
12094	271	ਪ੍ਰਭ ਸੁਪ੍ਰਸੰਨ ਬਸੈ ਮਨਿ ਸੋਇ॥	ਸੁਪ੍ਰਸੰਨ	Prabh Suprasann Basai Man Soe ||	When God is totally pleased, He comes to dwell in the mind.	ਉਹ ਪ੍ਰਭੂ (ਉਸ ਮਨੁੱਖ ਦੇ) ਮਨ ਵਿਚ ਵੱਸਦਾ ਹੈ ਜਿਸ ਉਤੇ ਉਹ ਤੁੱਠਦਾ ਹੈ,

12095	271	ਪ੍ਰਭ ਦਇਆ ਤੇ ਮਤਿ ਊਤਮ ਹੋਇ॥		Prabh Dhaeiaa Thae Math Ootham Hoe ||	By God's Kind Mercy, the intellect is exalted.	ਪ੍ਰਭੂ ਦੀ ਮੇਹਰ ਨਾਲ (ਮਨੁੱਖ ਦੀ) ਮੱਤ ਚੰਗੀ ਹੁੰਦੀ ਹੈ।
12096	271	ਸਰਬ ਨਿਧਾਨ ਪ੍ਰਭ ਤੇਰੀ ਮਇਆ॥	ਮ-ਇਆ	Sarab Nidhhaan Prabh Thaeree Maeiaa ||	All treasures, O Lord, come by Your Kind Mercy.	ਹੇ ਪ੍ਰਭੂ! ਤੇਰੀ ਮੇਹਰ ਦੀ ਨਜ਼ਰ ਵਿਚ ਸਾਰੇ ਖ਼ਜ਼ਾਨੇ ਹਨ,
12097	271	ਆਪਹੁ ਕਛੂ ਨ ਕਿਨਹੂ ਲਇਆ॥	ਲ-ਇਆ	Aapahu Kashhoo N Kinehoo Laeiaa ||	No one obtains anything by himself.	ਆਪਣੇ ਜਤਨ ਨਾਲ ਕਿਸੇ ਨੇ ਭੀ ਕੁਝ ਨਹੀਂ ਲੱਭਾ (ਭਾਵ, ਜੀਵ ਦਾ ਉੱਦਮ ਤਦੋਂ ਹੀ ਸਫਲ ਹੁੰਦਾ ਹੈ ਜਦੋਂ ਤੂੰ ਸਵੱਲੀ ਨਜ਼ਰ ਕਰਦਾ ਹੈਂ)।
12098	271	ਜਿਤੁ ਜਿਤੁ ਲਾਵਹੁ ਤਿਤੁ ਲਗਹਿ ਹਰਿ ਨਾਥ॥	ਲੱਗਹਿ	Jith Jith Laavahu Thith Lagehi Har Naathh ||	As You have delegated, so do we apply ourselves, O Lord and Master.	ਹੇ ਹਰੀ! ਹੇ ਨਾਥ! ਜਿਧਰ ਤੂੰ ਲਾਉਂਦਾ ਹੈਂ ਉਧਰ ਇਹ ਜੀਵ ਲੱਗਦੇ ਹਨ।
12099	271	ਨਾਨਕ ਇਨ ਕੈ ਕਛੂ ਨ ਹਾਥ॥੮॥੬॥		Naanak Ein Kai Kashhoo N Haathh ||8||6||	O Nanak, nothing is in our hands. ||8||6||	ਹੇ ਨਾਨਕ! ਇਹਨਾਂ ਜੀਵਾਂ ਦੇ ਵੱਸ ਕੁਝ ਨਹੀਂ ॥੮॥੬॥
12100	271	ਸਲੋਕੁ॥		Salok ||	Shalok:	
12101	271	ਅਗਮ ਅਗਾਧਿ ਪਾਰਬ੍ਰਹਮੁ ਸੋਇ॥	ਅ-ਗਮ: ਪੋਲਾ ਬੋਲੋ। (ਅਗਮ) ਸੋਗ ਰਹਿਤ	Agam Agaadhh Paarabreham Soe ||	Unapproachable and Unfathomable is the Supreme Lord God;	ਉਹ ਬੇਅੰਤ ਪ੍ਰਭੂ (ਜੀਵ ਦੀ) ਪਹੁੰਚ ਤੋਂ ਪਰੇ ਹੈ ਤੇ ਅਥਾਹ ਹੈ।

12102	271	ਜੋ ਜੋ ਕਹੈ ਸੁ ਮੁਕਤਾ ਹੋਇ॥		Jo Jo Kehai S Mukathaa Hoe ||	Whoever speaks of Him shall be liberated.	ਜੋ ਜੋ (ਮਨੁੱਖ ਉਸ ਨੂੰ) ਸਿਮਰਦਾ ਹੈ ਉਹ (ਵਿਕਾਰਾਂ ਦੇ ਜਾਲ ਤੋਂ) ਖ਼ਲਾਸੀ ਪਾ ਲੈਂਦਾ ਹੈ।
12103	271	ਸੁਨਿ ਮੀਤਾ ਨਾਨਕੁ ਬਿਨਵੰਤਾ॥	ਬਿਨ-ਵੰਤਾ	Sun Meethaa Naanak Binavanthaa ||	Listen, O friends, Nanak prays,	ਹੇ ਮਿਤ੍ਰ! ਸੁਣ, ਨਾਨਕ ਬੇਨਤੀ ਕਰਦਾ ਹੈ:
12104	271	ਸਾਧ ਜਨਾ ਕੀ ਅਚਰਜ ਕਥਾ॥੧॥	ਅ-ਚਰਜ	Saadhh Janaa Kee Acharaj Kathhaa ||1||	To the wonderful story of the Holy. ||1||	(ਸਿਮਰਨ ਕਰਨ ਵਾਲੇ) ਗੁਰਮੁਖਾਂ (ਦੇ ਗੁਣਾਂ) ਦਾ ਜ਼ਿਕਰ ਹੈਰਾਨ ਕਰਨ ਵਾਲਾ ਹੈ (ਭਾਵ, ਸਿਮਰਨ ਦੀ ਬਰਕਤਿ ਨਾਲ ਭਗਤ ਜਨਾਂ ਵਿਚ ਇਤਨੇ ਗੁਣ ਪੈਦਾ ਹੋ ਜਾਂਦੇ ਹਨ ਕਿ ਉਹਨਾਂ ਗੁਣਾਂ ਦੀ ਗੱਲ ਛੇੜਿਆਂ ਅਚਰਜ ਰਹਿ ਜਾਈਦਾ ਹੈ) ॥੧॥
12105	271	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	
12106	271	ਸਾਧ ਕੈ ਸੰਗਿ ਮੁਖ ਊਜਲ ਹੋਤ॥		Saadhh Kai Sang Mukh Oojal Hoth ||	In the Company of the Holy, one's face becomes radiant.	ਗੁਰਮੁਖਾਂ ਦੀ ਸੰਗਤਿ ਵਿਚ ਰਿਹਾਂ ਮੂੰਹ ਉਜਲੇ ਹੁੰਦੇ ਹਨ (ਭਾਵ, ਇੱਜ਼ਤ ਬਣ ਆਉਂਦੀ ਹੈ)
12107	271	ਸਾਧਸੰਗਿ ਮਲੁ ਸਗਲੀ ਖੋਤ॥		Saadhhasang Mal Sagalee Khoth ||	In the Company of the Holy, all filth is removed.	(ਕਿਉਂਕਿ) ਸਾਧੂ ਜਨਾਂ ਦੇ ਪਾਸ ਰਿਹਾਂ (ਵਿਕਾਰਾਂ ਦੀ) ਸਾਰੀ ਮੈਲ ਮਿਟ ਜਾਂਦੀ ਹੈ।
12108	271	ਸਾਧ ਕੈ ਸੰਗਿ ਮਿਟੈ ਅਭਿਮਾਨੁ॥		Saadhh Kai Sang Mittai Abhimaan ||	In the Company of the Holy, egotism is eliminated.	ਸਾਧੂਆਂ ਦੀ ਸੰਗਤਿ ਵਿਚ ਅਹੰਕਾਰ ਦੂਰ ਹੁੰਦਾ ਹੈ,

12109	271	ਸਾਧ ਕੈ ਸੰਗਿ ਪ੍ਰਗਟੈ ਸੁਗਿਆਨੁ॥		Saadhh Kai Sang Pragattai Sugiaan ||	In the Company of the Holy, spiritual wisdom is revealed.	ਅਤੇ ਸ੍ਰੇਸ਼ਟ ਗਿਆਨ ਪਰਗਟ ਹੁੰਦਾ ਹੈ (ਭਾਵ, ਚੰਗੀ ਮਤਿ ਆਉਂਦੀ ਹੈ)।
12110	271	ਸਾਧ ਕੈ ਸੰਗਿ ਬੁਝੈ ਪ੍ਰਭੁ ਨੇਰਾ॥	ਬੁੱਝੈ	Saadhh Kai Sang Bujhai Prabh Naeraa ||	In the Company of the Holy, God is understood to be near at hand.	ਸੰਤਾਂ ਦੀ ਸੰਗਤ ਵਿਚ ਪ੍ਰਭੂ ਅੰਗ-ਸੰਗ ਵੱਸਦਾ ਜਾਪਦਾ ਹੈ,
12111	271	ਸਾਧਸੰਗਿ ਸਭੁ ਹੋਤ ਨਿਬੇਰਾ॥		Saadhhasang Sabh Hoth Nibaeraa ||	In the Company of the Holy, all conflicts are settled.	(ਇਸ ਵਾਸਤੇ ਮੰਦੇ ਸੰਸਕਾਰਾਂ ਜਾਂ ਵਾਸਨਾ ਦਾ) ਸਾਰਾ ਨਿਬੇੜਾ ਹੋ ਜਾਂਦਾ ਹੈ (ਭਾਵ, ਮੰਦੇ ਪਾਸੇ ਜੀਵ ਪੈਂਦਾ ਨਹੀਂ)।
12112	271	ਸਾਧ ਕੈ ਸੰਗਿ ਪਾਏ ਨਾਮ ਰਤਨੁ॥		Saadhh Kai Sang Paaeae Naam Rathan ||	In the Company of the Holy, one obtains the jewel of the Naam.	ਗੁਰਮੁਖਾਂ ਦੀ ਸੰਗਤਿ ਵਿਚ ਮਨੁੱਖ ਨਾਮ-ਰੂਪ ਰਤਨ ਲੱਭ ਲੈਂਦਾ ਹੈ,
12113	271	ਸਾਧ ਕੈ ਸੰਗਿ ਏਕ ਊਪਰਿ ਜਤਨੁ॥		Saadhh Kai Sang Eaek Oopar Jathan ||	In the Company of the Holy, one's efforts are directed toward the One Lord.	ਤੇ, ਇੱਕ ਪ੍ਰਭੂ ਨੂੰ ਮਿਲਣ ਦਾ ਜਤਨ ਕਰਦਾ ਹੈ।
12114	271	ਸਾਧ ਕੀ ਮਹਿਮਾ ਬਰਨੈ ਕਉਨੁ ਪ੍ਰਾਨੀ॥		Saadhh Kee Mehimaa Baranai Koun Praanee ||	What mortal can speak of the Glorious Praises of the Holy?	ਸਾਧੂਆਂ ਦੀ ਵਡਿਆਈ ਕਿਹੜਾ ਮਨੁੱਖ ਬਿਆਨ ਕਰ ਸਕਦਾ ਹੈ?
12115	271	ਨਾਨਕ ਸਾਧ ਕੀ ਸੋਭਾ ਪ੍ਰਭ ਮਾਹਿ ਸਮਾਨੀ॥੧॥		Naanak Saadhh Kee Sobhaa Prabh Maahi Samaanee ||1||	O Nanak, the glory of the Holy people merges into God. ||1||	(ਕਿਉਂਕਿ) ਹੇ ਨਾਨਕ! ਸਾਧ ਜਨਾਂ ਦੀ ਸੋਭਾ ਪ੍ਰਭੂ ਦੀ ਸੋਭਾ ਦੇ ਬਰਾਬਰ ਹੋ ਜਾਂਦੀ ਹੈ ॥੧॥

12116	271	ਸਾਧ ਕੈ ਸੰਗਿ ਅਗੋਚਰੁ ਮਿਲੈ॥		Saadhh Kai Sang Agochar Milai ||	In the Company of the Holy, one meets the Incomprehensible Lord.	ਗੁਰਮੁਖਾਂ ਦੀ ਸੰਗਤਿ ਵਿਚ (ਮਨੁੱਖ ਨੂੰ) ਉਹ ਪ੍ਰਭੂ ਮਿਲ ਪੈਂਦਾ ਹੈ ਜੋ ਸਰੀਰਕ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ;
12117	271	ਸਾਧ ਕੈ ਸੰਗਿ ਸਦਾ ਪਰਫੁਲੈ॥	ਪਰਫੁੱਲੈ	Saadhh Kai Sang Sadhaa Parafulai ||	In the Company of the Holy, one flourishes forever.	ਅਤੇ ਮਨੁੱਖ ਸਦਾ ਖਿੜੇ ਮੱਥੇ ਰਹਿੰਦਾ ਹੈ।
12118	271	ਸਾਧ ਕੈ ਸੰਗਿ ਆਵਹਿ ਬਸਿ ਪੰਚਾ॥	ਬੱਸਿ	Saadhh Kai Sang Aavehi Bas Panchaa ||	In the Company of the Holy, the five passions are brought to rest.	ਸਾਧ ਜਨਾਂ ਦੀ ਸੰਗਤਿ ਵਿਚ ਰਿਹਾਂ ਕਾਮਾਦਿਕ ਪੰਜ ਵਿਕਾਰ ਕਾਬੂ ਵਿਚ ਆ ਜਾਂਦੇ ਹਨ,
12119	271	ਸਾਧਸੰਗਿ ਅੰਮ੍ਰਿਤ ਰਸੁ ਭੁੰਚਾ॥		Saadhhasang Anmrith Ras Bhunchaa ||	In the Company of the Holy, one enjoys the essence of ambrosia.	(ਕਿਉਂਕਿ ਮਨੁੱਖ) ਨਾਮ ਰੂਪ ਅੰਮ੍ਰਿਤ ਦਾ ਰਸ ਚੱਖ ਲੈਂਦਾ ਹੈ।
12120	271	ਸਾਧਸੰਗਿ ਹੋਇ ਸਭ ਕੀ ਰੇਨ॥		Saadhhasang Hoe Sabh Kee Raen ||	In the Company of the Holy, one becomes the dust of all.	ਸਾਧ ਜਨਾਂ ਦੀ ਸੰਗਤਿ ਕੀਤਿਆਂ (ਮਨੁੱਖ) ਸਭ (ਪ੍ਰਾਣੀਆਂ) ਦੇ ਚਰਨਾਂ ਦੀ ਧੂੜ ਬਣ ਜਾਂਦਾ ਹੈ,
12121	271	ਸਾਧ ਕੈ ਸੰਗਿ ਮਨੋਹਰ ਬੈਨ॥		Saadhh Kai Sang Manohar Bain ||	In the Company of the Holy, one's speech is enticing.	ਅਤੇ (ਸਭ ਨਾਲ) ਮਿੱਠੇ ਬਚਨ ਬੋਲਦਾ ਹੈ।
12122	271	ਸਾਧ ਕੈ ਸੰਗਿ ਨ ਕਤਹੂੰ ਧਾਵੈ॥		Saadhh Kai Sang N Kathehoon Dhhaavai ||	In the Company of the Holy, the mind does not wander.	ਸੰਤ ਜਨਾਂ ਦੇ ਸੰਗ ਰਿਹਾਂ (ਮਨੁੱਖ ਦਾ) ਮਨ ਕਿਸੇ ਪਾਸੇ ਨਹੀਂ ਦੌੜਦਾ ਹੈ,

12123	271	ਸਾਧਸੰਗਿ ਅਸਥਿਤਿ ਮਨੁ ਪਾਵੈ॥		Saadhhasang Asathhith Man Paavai ||	In the Company of the Holy, the mind becomes stable.	ਅਤੇ (ਪ੍ਰਭੂ ਦੇ ਚਰਨਾਂ ਵਿਚ) ਟਿਕਾਉ ਹਾਸਲ ਕਰ ਲੈਂਦਾ ਹੈ।
12124	271	ਸਾਧ ਕੈ ਸੰਗਿ ਮਾਇਆ ਤੇ ਭਿੰਨ॥		Saadhh Kai Sang Maaeiaa Thae Bhinn ||	In the Company of the Holy, one is rid of Maya.	ਗੁਰਮੁਖਾਂ ਦੀ ਸੰਗਤਿ ਵਿਚ ਟਿਕਿਆਂ (ਮਨੁੱਖ) ਮਾਇਆ (ਦੇ ਅਸਰ) ਤੋਂ ਬੇ-ਦਾਗ਼ ਰਹਿੰਦਾ ਹੈ
12125	271	ਸਾਧਸੰਗਿ ਨਾਨਕ ਪ੍ਰਭ ਸੁਪ੍ਰਸੰਨ॥੨॥		Saadhhasang Naanak Prabh Suprasann ||2||	In the Company of the Holy, O Nanak, God is totally pleased. ||2||	ਅਤੇ ਹੇ ਨਾਨਕ! ਅਕਾਲ ਪੁਰਖ ਇਸ ਉਤੇ ਦਇਆਵਾਨ ਹੁੰਦਾ ਹੈ ॥੨॥
12126	271	ਸਾਧਸੰਗਿ ਦੁਸਮਨ ਸਭਿ ਮੀਤ॥		Saadhhasang Dhusaman Sabh Meeth ||	In the Company of the Holy, all one's enemies become friends.	ਗੁਰਮੁਖਾਂ ਦੀ ਸੰਗਤਿ ਵਿਚ ਰਿਹਾਂ ਸਾਰੇ ਵੈਰੀ (ਭੀ) ਮਿਤ੍ਰ (ਦਿੱਸਣ ਲੱਗ ਜਾਂਦੇ ਹਨ),
12127	271	ਸਾਧੂ ਕੈ ਸੰਗਿ ਮਹਾ ਪੁਨੀਤ॥		Saadhhoo Kai Sang Mehaa Puneeth ||	In the Company of the Holy, there is great purity.	(ਕਿਉਂਕਿ) ਸਾਧ ਜਨਾਂ ਦੀ ਸੰਗਤ ਵਿਚ (ਮਨੁੱਖ ਦਾ ਆਪਣਾ ਹਿਰਦਾ) ਬਹੁਤ ਸਾਫ਼ ਹੋ ਜਾਂਦਾ ਹੈ।
12128	271	ਸਾਧਸੰਗਿ ਕਿਸ ਸਿਉ ਨਹੀ ਬੈਰੁ॥		Saadhhasang Kis Sio Nehee Bair ||	In the Company of the Holy, no one is hated.	ਸੰਤਾਂ ਦੀ ਸੰਗਤਿ ਵਿਚ ਬੈਠਿਆਂ ਕਿਸੇ ਨਾਲ ਵੈਰ ਨਹੀਂ ਰਹਿ ਜਾਂਦਾ,
12129	271	ਸਾਧ ਕੈ ਸੰਗਿ ਨ ਬੀਗਾ ਪੈਰੁ॥	ਬੀਂਗਾ	Saadhh Kai Sang N Beegaa Pair ||	In the Company of the Holy, one's feet do not wander.	ਅਤੇ ਕਿਸੇ ਮੰਦੇ ਪਾਸੇ ਪੈਰ ਨਹੀਂ ਪੁੱਟੀਦਾ।

12130	271	ਸਾਧ ਕੈ ਸੰਗਿ ਨਾਹੀ ਕੋ ਮੰਦਾ॥		Saadhh Kai Sang Naahee Ko Mandhaa ||	In the Company of the Holy, no one seems evil.	ਭਲਿਆਂ ਦੀ ਸੰਗਤਿ ਵਿਚ ਕੋਈ ਮਨੁੱਖ ਭੈੜਾ ਨਹੀਂ ਦਿੱਸਦਾ,
12131	271	ਸਾਧਸੰਗਿ ਜਾਨੇ ਪਰਮਾਨੰਦਾ॥		Saadhhasang Jaanae Paramaanandhaa ||	In the Company of the Holy, supreme bliss is known.	(ਕਿਉਂਕਿ ਹਰ ਥਾਂ ਮਨੁੱਖ) ਉੱਚੇ ਸੁਖ ਦੇ ਮਾਲਕ ਪ੍ਰਭੂ ਨੂੰ ਹੀ ਜਾਣਦਾ ਹੈ।
12132	271	ਸਾਧ ਕੈ ਸੰਗਿ ਨਾਹੀ ਹਉ ਤਾਪੁ॥		Saadhh Kai Sang Naahee Ho Thaap ||	In the Company of the Holy, the fever of ego departs.	ਸਾਧੂ ਦੀ ਸੰਗਤਿ ਵਿਚ ਮਨੁੱਖ ਸਾਰੀ ਅਪਣੱਤ ਛੱਡ ਦੇਂਦਾ ਹੈ।
12133	271	ਸਾਧ ਕੈ ਸੰਗਿ ਤਜੈ ਸਭੁ ਆਪੁ॥		Saadhh Kai Sang Thajai Sabh Aap ||	In the Company of the Holy, one renounces all selfishness.	ਗੁਰਮੁਖ ਦੀ ਸੰਗਤਿ ਕੀਤਿਆਂ ਹਉਮੈ ਰੂਪ ਤਾਪ ਨਹੀਂ ਰਹਿ ਜਾਂਦਾ।
12134	271	ਆਪੇ ਜਾਨੈ ਸਾਧ ਬਡਾਈ॥		Aapae Jaanai Saadhh Baddaaee ||	He Himself knows the greatness of the Holy.	ਸਾਧ ਦੀ ਵਡਿਆਈ ਪ੍ਰਭੂ ਆਪ ਹੀ ਜਾਣਦਾ ਹੈ,
12135	271	ਨਾਨਕ ਸਾਧ ਪ੍ਰਭੂ ਬਨਿ ਆਈ॥੩॥		Naanak Saadhh Prabhoo Ban Aaee ||3||	O Nanak, the Holy are at one with God. ||3||	(ਕਿਉਂਕਿ) ਹੇ ਨਾਨਕ! ਸਾਧ ਤੇ ਪ੍ਰਭੂ ਦਾ ਪੱਕਾ ਪਿਆਰ ਪੈ ਜਾਂਦਾ ਹੈ ॥੩॥
12136	271	ਸਾਧ ਕੈ ਸੰਗਿ ਨ ਕਬਹੂ ਧਾਵੈ॥		Saadhh Kai Sang N Kabehoo Dhhaavai ||	In the Company of the Holy, the mind never wanders.	ਗੁਰਮੁਖਾਂ ਦੀ ਸੰਗਤਿ ਵਿਚ ਰਿਹਾਂ ਮਨੁੱਖ ਦਾ ਮਨ ਕਦੇ ਭਟਕਦਾ ਨਹੀਂ,
12137	271	ਸਾਧ ਕੈ ਸੰਗਿ ਸਦਾ ਸੁਖੁ ਪਾਵੈ॥		Saadhh Kai Sang Sadhaa Sukh Paavai ||	In the Company of the Holy, one obtains everlasting peace.	(ਕਿਉਂਕਿ) ਸਾਧ ਜਨਾਂ ਦੀ ਸੰਗਤਿ ਵਿਚ (ਮਨੁੱਖ) ਸਦਾ ਸੁਖ ਮਾਣਦਾ ਹੈ।

12138	271	ਸਾਧਸੰਗਿ ਬਸਤੁ ਅਗੋਚਰ ਲਹੈ॥		Saadhhasang Basath Agochar Lehai ||	In the Company of the Holy, one grasps the Incomprehensible.	ਸੰਤ ਜਨਾਂ ਦੀ ਸੰਗਤਿ ਵਿਚ (ਪ੍ਰਭੂ ਦਾ) ਨਾਮ ਰੂਪ ਅਗੋਚਰ ਵਸਤ ਮਿਲ ਜਾਂਦੀ ਹੈ,
12139	271	ਸਾਧੂ ਕੈ ਸੰਗਿ ਅਜਰੁ ਸਹੈ॥	ਅ-ਜਰੁ	Saadhhoo Kai Sang Ajar Sehai ||	In the Company of the Holy, one can endure the unendurable.	(ਅਤੇ ਮਨੁੱਖ) ਇਹ ਨਾਹ ਜਰਿਆ ਜਾਣ ਵਾਲਾ ਮਰਤਬਾ ਜਰ ਲੈਂਦਾ ਹੈ।
12140	271	ਸਾਧ ਕੈ ਸੰਗਿ ਬਸੈ ਥਾਨਿ ਊਚੈ॥		Saadhh Kai Sang Basai Thhaan Oochai ||	In the Company of the Holy, one abides in the loftiest place.	ਗੁਰਮੁਖਾਂ ਦੀ ਸੰਗਤਿ ਵਿਚ ਰਹਿ ਕੇ ਮਨੁੱਖ ਉਚੇ (ਆਤਮਕ) ਟਿਕਾਣੇ ਤੇ ਵੱਸਦਾ ਹੈ,
12141	271	ਸਾਧੂ ਕੈ ਸੰਗਿ ਮਹਲਿ ਪਹੂਚੈ॥	ਮਹ-ਲਿ	Saadhhoo Kai Sang Mehal Pehoochai ||	In the Company of the Holy, one attains the Mansion of the Lord's Presence.	ਅਤੇ ਅਕਾਲ ਪੁਰਖ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ।
12142	271	ਸਾਧ ਕੈ ਸੰਗਿ ਦ੍ਰਿੜੈ ਸਭਿ ਧਰਮ॥		Saadhh Kai Sang Dhrirrai Sabh Dhharam ||	In the Company of the Holy, one's Dharmic faith is firmly established.	ਸੰਤਾਂ ਦੀ ਸੰਗਤਿ ਵਿਚ ਰਹਿ ਕੇ (ਮਨੁੱਖ) ਸਾਰੇ ਧਰਮਾਂ (ਫ਼ਰਜ਼ਾਂ) ਨੂੰ ਚੰਗੀ ਤਰ੍ਹਾਂ ਸਮਝ ਲੈਂਦਾ ਹੈ,
12143	271	ਸਾਧ ਕੈ ਸੰਗਿ ਕੇਵਲ ਪਾਰਬ੍ਰਹਮ॥		Saadhh Kai Sang Kaeval Paarabreham ||	In the Company of the Holy, one dwells with the Supreme Lord God.	ਅਤੇ ਸਿਰਫ਼ ਅਕਾਲ ਪੁਰਖ ਨੂੰ (ਹਰ ਥਾਂ ਵੇਖਦਾ ਹੈ)।
12144	271	ਸਾਧ ਕੈ ਸੰਗਿ ਪਾਏ ਨਾਮ ਨਿਧਾਨ॥		Saadhh Kai Sang Paaeae Naam Nidhhaan ||	In the Company of the Holy, one obtains the treasure of the Naam.	ਸਾਧ ਜਨਾਂ ਦੀ ਸੰਗਤਿ ਵਿਚ (ਮਨੁੱਖ) ਨਾਮ ਖ਼ਜ਼ਾਨਾ ਲੱਭ ਲੈਂਦਾ ਹੈ;

12145	271	ਨਾਨਕ ਸਾਧੂ ਕੈ ਕੁਰਬਾਨ॥੪॥		Naanak Saadhhoo Kai Kurabaan ||4||	O Nanak, I am a sacrifice to the Holy. ||4||	(ਤਾਂ ਤੇ) ਹੇ ਨਾਨਕ! (ਆਖ-) ਮੈਂ ਸਾਧ ਜਨਾਂ ਤੋਂ ਸਦਕੇ ਹਾਂ ॥੪॥
12146	271	ਸਾਧ ਕੈ ਸੰਗਿ ਸਭ ਕੁਲ ਉਧਾਰੈ॥		Saadhh Kai Sang Sabh Kul Oudhhaarai ||	In the Company of the Holy, all one's family is saved.	ਗੁਰਮੁਖਾਂ ਦੀ ਸੰਗਤਿ ਵਿਚ ਰਹਿ ਕੇ (ਮਨੁੱਖ ਆਪਣੀਆਂ) ਸਾਰੀਆਂ ਕੁਲਾਂ (ਵਿਕਾਰਾਂ ਤੋਂ) ਬਚਾ ਲੈਂਦਾ ਹੈ,
12147	271	ਸਾਧਸੰਗਿ ਸਾਜਨ ਮੀਤ ਕੁਟੰਬ ਨਿਸਤਾਰੈ॥		Saadhhasang Saajan Meeth Kuttanb Nisathaarai ||	In the Company of the Holy, one's friends, acquaintances and relatives are redeemed.	ਤੇ (ਆਪਣੇ) ਸੱਜਣਾਂ ਮਿੱਤ੍ਰਾਂ ਤੇ ਪਰਵਾਰ ਨੂੰ ਤਾਰ ਲੈਂਦਾ ਹੈ।
12148	271	ਸਾਧੂ ਕੈ ਸੰਗਿ ਸੋ ਧਨੁ ਪਾਵੈ॥		Saadhhoo Kai Sang So Dhhan Paavai ||	In the Company of the Holy, that wealth is obtained.	ਸੰਤਾਂ ਦੀ ਸੰਗਤਿ ਵਿਚ ਮਨੁੱਖ ਨੂੰ ਉਹ ਧਨ ਲੱਭ ਪੈਂਦਾ ਹੈ,
12149	271	ਜਿਸੁ ਧਨ ਤੇ ਸਭੁ ਕੋ ਵਰਸਾਵੈ॥		Jis Dhhan Thae Sabh Ko Varasaavai ||	Everyone benefits from that wealth.	ਜਿਸ ਧਨ ਦੇ ਮਿਲਣ ਨਾਲ ਹਰੇਕ ਮਨੁੱਖ ਨਾਮਣੇ ਵਾਲਾ ਹੋ ਜਾਂਦਾ ਹੈ।
12150	271	ਸਾਧਸੰਗਿ ਧਰਮਰਾਇ ਕਰੇ ਸੇਵਾ॥		Saadhhasang Dhharam Raae Karae Saevaa ||	In the Company of the Holy, the Lord of Dharma serves.	ਸਾਧੂ ਜਨਾਂ ਦੀ ਸੰਗਤਿ ਵਿਚ ਰਿਹਾਂ ਧਰਮਰਾਜ (ਭੀ) ਸੇਵਾ ਕਰਦਾ ਹੈ,
12151	271	ਸਾਧ ਕੈ ਸੰਗਿ ਸੋਭਾ ਸੁਰ ਦੇਵਾ॥	(ਸੁਰ) ਦੇਵਤੇ। (ਦੇਵਾ) ਪੂਜਨੀਕ ਮਹਾਂਪੁਰਸ਼, (ਦੇਵਾ) ਪ੍ਰਕਾਸ਼ ਸਰੂਪ ਵਾਹਿਗੁਰੂ	Saadhh Kai Sang Sobhaa Suradhaevaa ||	In the Company of the Holy, the divine, angelic beings sing God's Praises.	ਅਤੇ (ਦੇਵਤੇ ਭੀ) ਸੋਭਾ ਕਰਦੇ ਹਨ।

12152	271	ਸਾਧੂ ਕੈ ਸੰਗਿ ਪਾਪ ਪਲਾਇਨ॥		Saadhhoo Kai Sang Paap Palaaein ||	In the Company of the Holy, one's sins fly away.	ਗੁਰਮੁਖਾਂ ਦੀ ਸੰਗਤਿ ਵਿਚ ਪਾਪ ਦੂਰ ਹੋ ਜਾਂਦੇ ਹਨ,
12153	271	ਸਾਧਸੰਗਿ ਅੰਮ੍ਰਿਤ ਗੁਨ ਗਾਇਨ॥		Saadhhasang Anmrith Gun Gaaein ||	In the Company of the Holy, one sings the Ambrosial Glories.	(ਕਿਉਂਕਿ ਓਥੇ) ਪ੍ਰਭੂ ਦੇ ਅਮਰ ਕਰਨ ਵਾਲੇ ਗੁਣ (ਮਨੁੱਖ) ਗਾਉਂਦੇ ਹਨ।
12154	271	ਸਾਧ ਕੈ ਸੰਗਿ ਸ੍ਰਬ ਥਾਨ ਗੰਮਿ॥		Saadhh Kai Sang Srab Thhaan Ganm ||	In the Company of the Holy, all places are within reach.	ਸੰਤਾਂ ਦੀ ਸੰਗਤਿ ਵਿਚ ਰਹਿ ਕੇ ਸਭ ਥਾਈਂ ਪਹੁੰਚ ਹੋ ਜਾਂਦੀ ਹੈ (ਭਾਵ, ਉੱਚੀ ਆਤਮਕ ਸਮਰੱਥਾ ਆ ਜਾਂਦੀ ਹੈ);
12155	272	ਨਾਨਕ ਸਾਧ ਕੈ ਸੰਗਿ ਸਫਲ ਜਨੰਮ॥੫॥		Naanak Saadhh Kai Sang Safal Jananm ||5||	O Nanak, in the Company of the Holy, one's life becomes fruitful. ||5||	ਹੇ ਨਾਨਕ! ਸਾਧੂ ਦੀ ਸੰਗਤਿ ਵਿਚ ਮਨੁੱਖਾ ਜਨਮ ਦਾ ਫਲ ਮਿਲ ਜਾਂਦਾ ਹੈ ॥੫॥
12156	272	ਸਾਧ ਕੈ ਸੰਗਿ ਨਹੀ ਕਛੁ ਘਾਲ॥		Saadhh Kai Sang Nehee Kashh Ghaal ||	In the Company of the Holy, there is no suffering.	ਸਾਧ ਜਨਾਂ ਦੀ ਸੰਗਤਿ ਵਿਚ ਰਿਹਾਂ ਤਪ ਆਦਿਕ ਤਪਨ ਦੀ ਲੋੜ ਨਹੀਂ ਰਹਿੰਦੀ,
12157	272	ਦਰਸਨੁ ਭੇਟਤ ਹੋਤ ਨਿਹਾਲ॥		Dharasan Bhaettath Hoth Nihaal ||	The Blessed Vision of their Darshan brings a sublime, happy peace.	(ਕਿਉਂਕਿ ਉਹਨਾਂ) ਦਾ ਦਰਸ਼ਨ ਹੀ ਕਰ ਕੇ ਹਿਰਦਾ ਖਿੜ ਆਉਂਦਾ ਹੈ।
12158	272	ਸਾਧ ਕੈ ਸੰਗਿ ਕਲੂਖਤ ਹਰੈ॥		Saadhh Kai Sang Kalookhath Harai ||	In the Company of the Holy, blemishes are removed.	ਗੁਰਮੁਖਾਂ ਦੀ ਸੰਗਤਿ ਵਿਚ (ਮਨੁੱਖ ਆਪਣੇ) ਪਾਪ ਨਾਸ ਕਰ ਲੈਂਦਾ ਹੈ,
12159	272	ਸਾਧ ਕੈ ਸੰਗਿ ਨਰਕ ਪਰਹਰੈ॥		Saadhh Kai Sang Narak Pareharai ||	In the Company of the Holy, hell is far away.	(ਤੇ ਇਸ ਤਰ੍ਹਾਂ) ਨਰਕਾਂ ਤੋਂ ਬਚ ਜਾਂਦਾ ਹੈ।

12160	272	ਸਾਧ ਕੈ ਸੰਗਿ ਈਹਾ ਊਹਾ ਸੁਹੇਲਾ॥		Saadhh Kai Sang Eehaa Oohaa Suhaelaa ||	In the Company of the Holy, one is happy here and hereafter.	ਸੰਤਾਂ ਦੀ ਸੰਗਤਿ ਵਿਚ ਰਹਿ ਕੇ (ਮਨੁੱਖ) ਇਸ ਲੋਕ ਤੇ ਪਰਲੋਕ ਵਿਚ ਸੌਖਾ ਹੋ ਜਾਂਦਾ ਹੈ,
12161	272	ਸਾਧਸੰਗਿ ਬਿਛੁਰਤ ਹਰਿ ਮੇਲਾ॥		Saadhhasang Bishhurath Har Maelaa ||	In the Company of the Holy, the separated ones are reunited with the Lord.	ਅਤੇ ਪ੍ਰਭੂ ਤੋਂ ਵਿਛੁੜਿਆ ਹੋਇਆ (ਮੁੜ) ਉਸ ਨੂੰ ਮਿਲ ਪੈਂਦਾ ਹੈ।
12162	272	ਜੋ ਇਛੈ ਸੋਈ ਫਲੁ ਪਾਵੈ॥		Jo Eishhai Soee Fal Paavai ||	The fruits of one's desires are obtained.	ਗੁਰਮੁਖਾਂ ਦੀ ਸੰਗਤਿ ਵਿਚੋਂ (ਮਨੁੱਖ) ਜੋ ਇੱਛਾ ਕਰਦਾ ਹੈ, ਓਹੀ ਫਲ ਪਾਉਂਦਾ ਹੈ,
12163	272	ਸਾਧ ਕੈ ਸੰਗਿ ਨ ਬਿਰਥਾ ਜਾਵੈ॥		Saadhh Kai Sang N Birathhaa Jaavai ||	In the Company of the Holy, no one goes empty-handed.	ਬੇ-ਮੁਰਾਦ ਹੋ ਕੇ ਨਹੀਂ ਜਾਂਦਾ।
12164	272	ਪਾਰਬ੍ਰਹਮੁ ਸਾਧ ਰਿਦ ਬਸੈ॥		Paarabreham Saadhh Ridh Basai ||	The Supreme Lord God dwells in the hearts of the Holy.	ਅਕਾਲ ਪੁਰਖ ਸੰਤ ਜਨਾਂ ਦੇ ਹਿਰਦੇ ਵਿਚ ਵੱਸਦਾ ਹੈ;
12165	272	ਨਾਨਕ ਉਧਰੈ ਸਾਧ ਸੁਨਿ ਰਸੈ॥੬॥		Naanak Oudhharai Saadhh Sun Rasai ||6||	O Nanak, listening to the sweet words of the Holy, one is saved. ||6||	ਹੇ ਨਾਨਕ! (ਮਨੁੱਖ) ਸਾਧੂ ਜਨਾਂ ਦੀ ਰਸਨਾ ਤੋਂ (ਉਪਦੇਸ਼) ਸੁਣ ਕੇ (ਵਿਕਾਰਾਂ ਤੋਂ) ਬਚ ਜਾਂਦਾ ਹੈ ॥੬॥
12166	272	ਸਾਧ ਕੈ ਸੰਗਿ ਸੁਨਉ ਹਰਿ ਨਾਉ॥		Saadhh Kai Sang Suno Har Naao ||	In the Company of the Holy, listen to the Name of the Lord.	ਮੈਂ ਗੁਰਮੁਖਾਂ ਦੀ ਸੰਗਤਿ ਵਿਚ ਰਹਿ ਕੇ ਪ੍ਰਭੂ ਦਾ ਨਾਮ ਸੁਣਾਂ,

12167	272	ਸਾਧਸੰਗਿ ਹਰਿ ਕੇ ਗੁਨ ਗਾਉ॥		Saadhhasang Har Kae Gun Gaao ||	In the Company of the Holy, sing the Glorious Praises of the Lord.	ਤੇ ਪ੍ਰਭੂ ਦੇ ਗੁਣ ਗਾਵਾਂ (ਇਹ ਮੇਰੀ ਕਾਮਨਾ ਹੈ)।
12168	272	ਸਾਧ ਕੈ ਸੰਗਿ ਨ ਮਨ ਤੇ ਬਿਸਰੈ॥		Saadhh Kai Sang N Man Thae Bisarai ||	In the Company of the Holy, do not forget Him from your mind.	ਸੰਤਾਂ ਦੀ ਸੰਗਤਿ ਵਿਚ ਰਿਹਾਂ ਪ੍ਰਭੂ ਮਨ ਤੋਂ ਭੁੱਲਦਾ ਨਹੀਂ,
12169	272	ਸਾਧਸੰਗਿ ਸਰਪਰ ਨਿਸਤਰੈ॥		Saadhhasang Sarapar Nisatharai ||	In the Company of the Holy, you shall surely be saved.	ਸਾਧ ਜਨਾਂ ਦੀ ਸੰਗਤਿ ਵਿਚ ਮਨੁੱਖ ਜ਼ਰੂਰ (ਵਿਕਾਰਾਂ ਤੋਂ) ਬਚ ਨਿਕਲਦਾ ਹੈ।
12170	272	ਸਾਧ ਕੈ ਸੰਗਿ ਲਗੈ ਪ੍ਰਭੁ ਮੀਠਾ॥		Saadhh Kai Sang Lagai Prabh Meethaa ||	In the Company of the Holy, God seems very sweet.	ਭਲਿਆਂ ਦੀ ਸੰਗਤਿ ਵਿਚ ਰਿਹਾਂ ਪ੍ਰਭੂ ਪਿਆਰਾ ਲੱਗਣ ਲੱਗ ਜਾਂਦਾ ਹੈ,
12171	272	ਸਾਧੂ ਕੈ ਸੰਗਿ ਘਟਿ ਘਟਿ ਡੀਠਾ॥	ਘੱਟਿ ਘੱਟਿ	Saadhhoo Kai Sang Ghatt Ghatt Ddeethaa ||	In the Company of the Holy, He is seen in each and every heart.	ਅਤੇ ਉਹ ਹਰੇਕ ਸਰੀਰ ਵਿਚ ਦਿਖਾਈ ਦੇਣ ਲੱਗ ਜਾਂਦਾ ਹੈ।
12172	272	ਸਾਧਸੰਗਿ ਭਏ ਆਗਿਆਕਾਰੀ॥		Saadhhasang Bheae Aagiaakaaree ||	In the Company of the Holy, we become obedient to the Lord.	ਸਾਧੂਆਂ ਦੀ ਸੰਗਤਿ ਕੀਤਿਆਂ (ਅਸੀ) ਪ੍ਰਭੂ ਦਾ ਹੁਕਮ ਮੰਨਣ ਵਾਲੇ ਹੋ ਜਾਂਦੇ ਹਾਂ,
12173	272	ਸਾਧਸੰਗਿ ਗਤਿ ਭਈ ਹਮਾਰੀ॥		Saadhhasang Gath Bhee Hamaaree ||	In the Company of the Holy, we obtain the state of salvation.	ਅਤੇ ਸਾਡੀ ਆਤਮਕ ਅਵਸਥਾ ਸੁਧਰ ਜਾਂਦੀ ਹੈ।
12174	272	ਸਾਧ ਕੈ ਸੰਗਿ ਮਿਟੇ ਸਭਿ ਰੋਗ॥		Saadhh Kai Sang Mittae Sabh Rog ||	In the Company of the Holy, all diseases are cured.	ਸੰਤ ਜਨਾਂ ਦੀ ਸੁਹਬਤ ਵਿਚ (ਵਿਕਾਰ ਆਦਿਕ) ਸਾਰੇ ਰੋਗ ਮਿਟ ਜਾਂਦੇ ਹਨ;

12175	272	ਨਾਨਕ ਸਾਧ ਭੇਟੇ ਸੰਜੋਗ॥੭॥		Naanak Saadhh Bhaettae Sanjog ||7||	O Nanak, one meets with the Holy, by highest destiny. ||7||	ਹੇ ਨਾਨਕ! (ਵੱਡੇ) ਭਾਗਾਂ ਨਾਲ ਸਾਧ ਜਨ ਮਿਲਦੇ ਹਨ ॥੭॥
12176	272	ਸਾਧ ਕੀ ਮਹਿਮਾ ਬੇਦ ਨ ਜਾਨਹਿ॥		Saadhh Kee Mehimaa Baedh N Jaanehi ||	The glory of the Holy people is not known to the Vedas.	ਸਾਧ ਦੀ ਵਡਿਆਈ ਵੇਦ (ਭੀ) ਨਹੀਂ ਜਾਣਦੇ,
12177	272	ਜੇਤਾ ਸੁਨਹਿ ਤੇਤਾ ਬਖਿਆਨਹਿ॥		Jaethaa Sunehi Thaethaa Bakhiaanehi ||	They can describe only what they have heard.	ਉਹ ਤਾਂ ਜਿਤਨਾ ਸੁਣਦੇ ਹਨ, ਉਤਨਾ ਹੀ ਬਿਆਨ ਕਰਦੇ ਹਨ (ਪਰ ਸਾਧ ਦੀ ਮਹਿਮਾ ਬਿਆਨ ਤੋਂ ਪਰੇ ਹੈ)।
12178	272	ਸਾਧ ਕੀ ਉਪਮਾ ਤਿਹੁ ਗੁਣ ਤੇ ਦੂਰਿ॥		Saadhh Kee Oupamaa Thihu Gun Thae Dhoor ||	The greatness of the Holy people is beyond the three qualities.	ਸਾਧ ਦੀ ਸਮਾਨਤਾ ਤਿੰਨਾਂ ਗੁਣਾਂ ਤੋਂ ਪਰੇ ਹੈ (ਭਾਵ, ਜਗਤ ਦੀ ਰਚਨਾ ਵਿਚ ਕੋਈ ਅਜੇਹੀ ਹਸਤੀ ਨਹੀਂ ਜਿਸ ਨੂੰ ਸਾਧ ਵਰਗਾ ਕਿਹਾ ਜਾ ਸਕੇ; ਹਾਂ)
12179	272	ਸਾਧ ਕੀ ਉਪਮਾ ਰਹੀ ਭਰਪੂਰਿ॥		Saadhh Kee Oupamaa Rehee Bharapoor ||	The greatness of the Holy people is all-pervading.	ਸਾਧ ਦੀ ਸਮਾਨਤਾ ਉਸ ਪ੍ਰਭੂ ਨਾਲ ਹੀ ਹੋ ਸਕਦੀ ਹੈ ਜੋ ਸਾਰੇ ਵਿਆਪਕ ਹੈ।
12180	272	ਸਾਧ ਕੀ ਸੋਭਾ ਕਾ ਨਾਹੀ ਅੰਤ॥		Saadhh Kee Sobhaa Kaa Naahee Anth ||	The glory of the Holy people has no limit.	ਸਾਧੂ ਦੀ ਸੋਭਾ ਦਾ ਅੰਦਾਜ਼ਾ ਨਹੀਂ ਲੱਗ ਸਕਦਾ,
12181	272	ਸਾਧ ਕੀ ਸੋਭਾ ਸਦਾ ਬੇਅੰਤ॥		Saadhh Kee Sobhaa Sadhaa Baeanth ||	The glory of the Holy people is infinite and eternal.	ਸਦਾ (ਇਸ ਨੂੰ) ਬੇਅੰਤ ਹੀ (ਕਿਹਾ ਜਾ ਸਕਦਾ) ਹੈ।
12182	272	ਸਾਧ ਕੀ ਸੋਭਾ ਊਚ ਤੇ ਊਚੀ॥		Saadhh Kee Sobhaa Ooch Thae Oochee ||	The glory of the Holy people is the highest of the high.	ਸਾਧੂ ਦੀ ਸੋਭਾ ਹੋਰ ਸਭ ਦੀ ਸੋਭਾ ਤੋਂ ਬਹੁਤ ਉੱਚੀ ਹੈ,

12183	272	ਸਾਧ ਕੀ ਸੋਭਾ ਮੂਚ ਤੇ ਮੂਚੀ॥		Saadhh Kee Sobhaa Mooch Thae Moochee ||	The glory of the Holy people is the greatest of the great.	ਤੇ ਬਹੁਤ ਵੱਡੀ ਹੈ।
12184	272	ਸਾਧ ਕੀ ਸੋਭਾ ਸਾਧ ਬਨਿ ਆਈ॥		Saadhh Kee Sobhaa Saadhh Ban Aaee ||	The glory of the Holy people is theirs alone;	ਸਾਧੂ ਦੀ ਸੋਭਾ ਸਾਧੂ ਨੂੰ ਹੀ ਫਬਦੀ ਹੈ,
12185	272	ਨਾਨਕ ਸਾਧ ਪ੍ਰਭ ਭੇਦੁ ਨ ਭਾਈ॥੮॥੭॥		Naanak Saadhh Prabh Bhaedh N Bhaaee ||8||7||	O Nanak, there is no difference between the Holy people and God. ||8||7||	(ਕਿਉਂਕਿ) ਹੇ ਨਾਨਕ! (ਆਖ-) ਹੇ ਭਾਈ! ਸਾਧੂ ਤੇ ਪ੍ਰਭੂ ਵਿਚ (ਕੋਈ) ਫ਼ਰਕ ਨਹੀਂ ਹੈ ॥੮॥੭॥
12186	272	ਸਲੋਕੁ॥		Salok ||	Shalok:	
12187	272	ਮਨਿ ਸਾਚਾ ਮੁਖਿ ਸਾਚਾ ਸੋਇ॥		Man Saachaa Mukh Saachaa Soe ||	The True One is on his mind, and the True One is upon his lips.	(ਜਿਸ ਮਨੁੱਖ ਦੇ) ਮਨ ਵਿਚ ਸਦਾ-ਥਿਰ ਰਹਿਣ ਵਾਲਾ ਪ੍ਰਭੂ (ਵੱਸਦਾ ਹੈ), (ਜੋ) ਮੂੰਹੋਂ (ਭੀ) ਉਸੇ ਪ੍ਰਭੂ ਨੂੰ (ਜਪਦਾ ਹੈ),
12188	272	ਅਵਰੁ ਨ ਪੇਖੈ ਏਕਸੁ ਬਿਨੁ ਕੋਇ॥		Avar N Paekhai Eaekas Bin Koe ||	He sees only the One.	(ਜੋ ਮਨੁੱਖ) ਇਕ ਅਕਾਲ ਪੁਰਖ ਤੋਂ ਬਿਨਾ (ਕਿਤੇ ਭੀ) ਕਿਸੇ ਹੋਰ ਨੂੰ ਨਹੀਂ ਵੇਖਦਾ,
12189	272	ਨਾਨਕ ਇਹ ਲਛਣ ਬ੍ਰਹਮਗਿਆਨੀ ਹੋਇ॥੧॥		Naanak Eih Lashhan Breham Giaanee Hoe ||1||	O Nanak, these are the qualities of the God-conscious being. ||1||	ਹੇ ਨਾਨਕ! (ਉਹ ਮਨੁੱਖ) ਇਹਨਾਂ ਗੁਣਾਂ ਦੇ ਕਾਰਣ ਬ੍ਰਹਮਗਿਆਨੀ ਹੋ ਜਾਂਦਾ ਹੈ ॥੧॥
12190	272	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	

12191	272	ਬ੍ਰਹਮਗਿਆਨੀ ਸਦਾ ਨਿਰਲੇਪ॥		Breham Giaanee Sadhaa Niralaep ||	The God-conscious being is always unattached,	ਬ੍ਰਹਮਗਿਆਨੀ (ਮਨੁੱਖ ਵਿਕਾਰਾਂ ਵਲੋਂ) ਸਦਾ-ਬੇਦਾਗ਼ (ਰਹਿੰਦੇ ਹਨ)
12192	272	ਜੈਸੇ ਜਲ ਮਹਿ ਕਮਲ ਅਲੇਪ॥		Jaisae Jal Mehi Kamal Alaep ||	As the lotus in the water remains detached.	ਜਿਵੇਂ ਪਾਣੀ ਵਿਚ (ਉੱਗੇ ਹੋਏ) ਕਉਲ ਫੁੱਲ (ਚਿੱਕੜ ਤੋਂ) ਸਾਫ਼ ਹੁੰਦੇ ਹਨ।
12193	272	ਬ੍ਰਹਮਗਿਆਨੀ ਸਦਾ ਨਿਰਦੋਖ॥		Breham Giaanee Sadhaa Niradhokh ||	The God-conscious being is always unstained,	ਬ੍ਰਹਮਗਿਆਨੀ (ਮਨੁੱਖ) (ਸਾਰੇ ਪਾਪਾਂ ਨੂੰ ਸਾੜ ਦੇਂਦੇ ਹਨ) ਪਾਪਾਂ ਤੋਂ ਬਚੇ ਰਹਿੰਦੇ ਹਨ,
12194	272	ਜੈਸੇ ਸੂਰੁ ਸਰਬ ਕਉ ਸੋਖ॥		Jaisae Soor Sarab Ko Sokh ||	Like the sun, which gives its comfort and warmth to all.	ਜਿਵੇਂ ਸੂਰਜ ਸਾਰੇ (ਰਸਾਂ) ਨੂੰ ਸੁਕਾ ਦੇਂਦਾ ਹੈ।
12195	272	ਬ੍ਰਹਮਗਿਆਨੀ ਕੈ ਦ੍ਰਿਸਟਿ ਸਮਾਨਿ॥		Breham Giaanee Kai Dhrisatt Samaan ||	The God-conscious being looks upon all alike,	ਬ੍ਰਹਮਗਿਆਨੀ ਦੇ ਅੰਦਰ (ਸਭ ਵਲ) ਇਕੋ ਜਿਹੀ ਨਜ਼ਰ (ਨਾਲ ਤੱਕਣ ਦਾ ਸੁਭਾਉ ਹੁੰਦਾ) ਹੈ,
12196	272	ਜੈਸੇ ਰਾਜ ਰੰਕ ਕਉ ਲਾਗੈ ਤੁਲਿ ਪਵਾਨ॥	ਤੁੱਲਿ	Jaisae Raaj Rank Ko Laagai Thul Pavaan ||	Like the wind, which blows equally upon the king and the poor beggar.	ਜਿਵੇਂ ਹਵਾ ਰਾਜੇ ਤੇ ਕੰਗਾਲ ਨੂੰ ਇਕੋ ਜਿਹੀ ਲੱਗਦੀ ਹੈ।
12197	272	ਬ੍ਰਹਮਗਿਆਨੀ ਕੈ ਧੀਰਜੁ ਏਕ॥		Breham Giaanee Kai Dhheeraj Eaek ||	The God-conscious being has a steady patience,	(ਕੋਈ ਭਲਾ ਕਹੇ ਭਾਵੇਂ ਬੁਰਾ, ਪਰ) ਬ੍ਰਹਮਗਿਆਨੀ ਮਨੁੱਖਾਂ ਦੇ ਅੰਦਰ ਇਕ-ਤਾਰ ਹੌਸਲਾ (ਕਾਇਮ ਰਹਿੰਦਾ) ਹੈ,

12198	272	ਜਿਉ ਬਸੁਧਾ ਕੋਊ ਖੋਦੈ ਕੋਊ ਚੰਦਨ ਲੇਪ॥	ਬਸੁ-ਧਾ: ਪੋਲਾ ਬੋਲੋ	Jio Basudhhaa Kooo Khodhai Kooo Chandhan Laep ||	Like the earth, which is dug up by one, and anointed with sandal paste by another.	ਜਿਵੇਂ ਧਰਤੀ ਨੂੰ ਕੋਈ ਤਾਂ ਖੋਤਰਦਾ ਹੈ, ਤੇ ਕੋਈ ਚੰਦਨ ਦੇ ਲੇਪਣ ਕਰਦਾ ਹੈ (ਪਰ ਧਰਤੀ ਨੂੰ ਪਰਵਾਹ ਨਹੀਂ)।
12199	272	ਬ੍ਰਹਮਗਿਆਨੀ ਕਾ ਇਹੈ ਗੁਨਾਉ॥		Breham Giaanee Kaa Eihai Gunaao ||	This is the quality of the God-conscious being:	ਬ੍ਰਹਮਗਿਆਨੀ ਮਨੁੱਖਾਂ ਦਾ (ਭੀ) ਇਹੀ ਗੁਣ ਹੈ,
12200	272	ਨਾਨਕ ਜਿਉ ਪਾਵਕ ਕਾ ਸਹਜ ਸੁਭਾਉ॥੧॥	ਪਾਵਕ ਅੱਗ	Naanak Jio Paavak Kaa Sehaj Subhaao ||1||	O Nanak, his inherent nature is like a warming fire. ||1||	ਹੇ ਨਾਨਕ! ਜਿਵੇਂ ਅੱਗ ਦਾ ਕੁਦਰਤੀ ਸੁਭਾਉ ਹੈ (ਹਰੇਕ ਚੀਜ਼ ਦੀ ਮੈਲ ਸਾੜ ਦੇਣੀ) ॥੧॥
12201	272	ਬ੍ਰਹਮਗਿਆਨੀ ਨਿਰਮਲ ਤੇ ਨਿਰਮਲਾ॥		Breham Giaanee Niramal Thae Niramalaa ||	The God-conscious being is the purest of the pure;	ਬ੍ਰਹਮਗਿਆਨੀ ਮਨੁੱਖ (ਵਿਕਾਰਾਂ ਦੀ ਮੈਲ ਤੋਂ ਸਦਾ ਬਚਿਆ ਰਹਿ ਕੇ) ਮਹਾ ਨਿਰਮਲ ਹੈ,
12202	272	ਜੈਸੇ ਮੈਲੁ ਨ ਲਾਗੈ ਜਲਾ॥		Jaisae Mail N Laagai Jalaa ||	Filth does not stick to water.	ਜਿਵੇਂ ਪਾਣੀ ਨੂੰ ਕਦੇ ਮੈਲ ਨਹੀਂ ਰਹਿ ਸਕਦੀ (ਬੁਖ਼ਾਰਾਤ ਆਦਿਕ ਬਣ ਕੇ ਮੁੜ ਸਾਫ਼ ਦਾ ਸਾਫ਼।)
12203	272	ਬ੍ਰਹਮਗਿਆਨੀ ਕੈ ਮਨਿ ਹੋਇ ਪ੍ਰਗਾਸੁ॥		Breham Giaanee Kai Man Hoe Pragaas ||	The God-conscious being's mind is enlightened,	ਬ੍ਰਹਮਗਿਆਨੀ ਦੇ ਮਨ ਵਿਚ (ਇਹ) ਚਾਨਣ ਹੋ ਜਾਂਦਾ ਹੈ (ਕਿ ਪ੍ਰਭੂ ਹਰ ਥਾਂ ਮੌਜੂਦ ਹੈ)
12204	272	ਜੈਸੇ ਧਰ ਊਪਰਿ ਆਕਾਸੁ॥		Jaisae Dhhar Oopar Aakaas ||	Like the sky above the earth.	ਜਿਵੇਂ ਧਰਤੀ ਉਤੇ ਆਕਾਸ਼ (ਸਭ ਥਾਂ ਵਿਆਪਕ ਹੈ।)

12205	272	ਬ੍ਰਹਮਗਿਆਨੀ ਕੈ ਮਿਤ੍ਰ ਸਤ੍ਰੁ ਸਮਾਨਿ॥	ਸੱਤ੍ਰੁ	Breham Giaanee Kai Mithr Sathra Samaan ||	To the God-conscious being, friend and foe are the same.	ਬ੍ਰਹਮਗਿਆਨੀ ਨੂੰ ਸੱਜਣ ਤੇ ਵੈਰੀ ਇਕੋ ਜਿਹਾ ਹੈ,
12206	272	ਬ੍ਰਹਮਗਿਆਨੀ ਕੈ ਨਾਹੀ ਅਭਿਮਾਨ॥		Breham Giaanee Kai Naahee Abhimaan ||	The God-conscious being has no egotistical pride.	(ਕਿਉਂਕ) ਉਸ ਦੇ ਅੰਦਰ ਅਹੰਕਾਰ ਨਹੀਂ ਹੈ (ਕਿਸੇ ਦੇ ਚੰਗੇ ਮੰਦੇ ਸਲੂਕ ਦਾ ਹਰਖ ਸੋਗ ਨਹੀਂ)।
12207	272	ਬ੍ਰਹਮਗਿਆਨੀ ਊਚ ਤੇ ਊਚਾ॥		Breham Giaanee Ooch Thae Oochaa ||	The God-conscious being is the highest of the high.	ਬ੍ਰਹਮਗਿਆਨੀ (ਆਤਮਕ ਅਵਸਥਾ ਵਿਚ) ਸਭ ਤੋਂ ਉੱਚਾ ਹੈ,
12208	272	ਮਨਿ ਅਪਨੈ ਹੈ ਸਭ ਤੇ ਨੀਚਾ॥		Man Apanai Hai Sabh Thae Neechaa ||	Within his own mind, he is the most humble of all.	(ਪਰ) ਆਪਣੇ ਮਨ ਵਿਚ (ਆਪਣੇ ਆਪ ਨੂੰ) ਸਭ ਤੋਂ ਨੀਵਾਂ (ਜਾਣਦਾ ਹੈ)।
12209	272	ਬ੍ਰਹਮਗਿਆਨੀ ਸੇ ਜਨ ਭਏ॥		Breham Giaanee Sae Jan Bheae ||	They alone become God-conscious beings,	ਉਹੀ ਮਨੁੱਖ ਬ੍ਰਹਮਗਿਆਨੀ ਬਣਦੇ ਹਨ,
12210	272	ਨਾਨਕ ਜਿਨ ਪ੍ਰਭੁ ਆਪਿ ਕਰੇਇ॥੨॥		Naanak Jin Prabh Aap Karaee ||2||	O Nanak, whom God Himself makes so. ||2||	ਹੇ ਨਾਨਕ! ਜਿਨ੍ਹਾਂ ਨੂੰ ਪ੍ਰਭੂ ਆਪ ਬਣਾਉਂਦਾ ਹੈ ॥੨॥
12211	272	ਬ੍ਰਹਮਗਿਆਨੀ ਸਗਲ ਕੀ ਰੀਨਾ॥		Breham Giaanee Sagal Kee Reenaa ||	The God-conscious being is the dust of all.	ਬ੍ਰਹਮਗਿਆਨੀ ਸਾਰੇ (ਬੰਦਿਆਂ) ਦੇ ਪੈਰਾਂ ਦੀ ਖ਼ਾਕ (ਹੋ ਕੇ ਰਹਿੰਦਾ) ਹੈ;
12212	272	ਆਤਮ ਰਸੁ ਬ੍ਰਹਮਗਿਆਨੀ ਚੀਨਾ॥		Aatham Ras Breham Giaanee Cheenaa ||	The God-conscious being knows the nature of the soul.	ਬ੍ਰਹਮਗਿਆਨੀ ਨੇ ਆਤਮਕ ਆਨੰਦ ਨੂੰ ਪਛਾਣ ਲਿਆ ਹੈ।

12213	272	ਬ੍ਰਹਮਗਿਆਨੀ ਕੀ ਸਭ ਊਪਰਿ ਮਇਆ॥		Breham Giaanee Kee Sabh Oopar Maeiaa ||	The God-conscious being shows kindness to all.	ਬ੍ਰਹਮਗਿਆਨੀ ਦੀ ਸਭ ਉਤੇ ਖ਼ੁਸ਼ੀ ਹੁੰਦੀ ਹੈ (ਭਾਵ, ਬ੍ਰਹਮ-ਗਿਆਨੀ ਸਭ ਨਾਲ ਹੱਸਦੇ-ਮੱਥੇ ਰਹਿੰਦਾ ਹੈ)
12214	272	ਬ੍ਰਹਮਗਿਆਨੀ ਤੇ ਕਛੁ ਬੁਰਾ ਨ ਭਇਆ॥		Breham Giaanee Thae Kashh Buraa N Bhaeiaa ||	No evil comes from the God-conscious being.	ਅਤੇ ਉਹ ਕੋਈ ਮੰਦਾ ਕੰਮ ਨਹੀਂ ਕਰਦਾ।
12215	272	ਬ੍ਰਹਮਗਿਆਨੀ ਸਦਾ ਸਮਦਰਸੀ॥		Breham Giaanee Sadhaa Samadharasee ||	The God-conscious being is always impartial.	ਬ੍ਰਹਮਗਿਆਨੀ ਸਦਾ ਸਭ ਵਲ ਇਕੋ ਜਿਹੀ ਨਜ਼ਰ ਨਾਲ ਤੱਕਦਾ ਹੈ,
12216	273	ਬ੍ਰਹਮਗਿਆਨੀ ਕੀ ਦ੍ਰਿਸਟਿ ਅੰਮ੍ਰਿਤੁ ਬਰਸੀ॥		Breham Giaanee Kee Dhrisatt Anmrith Barasee ||	Nectar rains down from the glance of the God-conscious being.	ਉਸ ਦੀ ਨਜ਼ਰ ਤੋਂ (ਸਭ ਉਤੇ) ਅੰਮ੍ਰਿਤ ਦੀ ਵਰਖਾ ਹੁੰਦੀ ਹੈ।
12217	273	ਬ੍ਰਹਮਗਿਆਨੀ ਬੰਧਨ ਤੇ ਮੁਕਤਾ॥		Breham Giaanee Bandhhan Thae Mukathaa ||	The God-conscious being is free from entanglements.	ਬ੍ਰਹਮਗਿਆਨੀ (ਮਾਇਆ ਦੇ) ਬੰਧਨਾਂ ਤੋਂ ਆਜ਼ਾਦ ਹੁੰਦਾ ਹੈ,
12218	273	ਬ੍ਰਹਮਗਿਆਨੀ ਕੀ ਨਿਰਮਲ ਜੁਗਤਾ॥		Breham Giaanee Kee Niramal Jugathaa ||	The lifestyle of the God-conscious being is spotlessly pure.	ਅਤੇ ਉਸ ਦੀ ਜੀਵਨ-ਜੁਗਤੀ ਵਿਕਾਰਾਂ ਤੋਂ ਰਹਿਤ ਹੈ।
12219	273	ਬ੍ਰਹਮਗਿਆਨੀ ਕਾ ਭੋਜਨੁ ਗਿਆਨ॥		Breham Giaanee Kaa Bhojan Giaan ||	Spiritual wisdom is the food of the God-conscious being.	(ਰੱਬੀ-) ਗਿਆਨ ਬ੍ਰਹਮਗਿਆਨੀ ਦੀ ਖ਼ੁਰਾਕ ਹੈ (ਭਾਵ, ਬ੍ਰਹਮਗਿਆਨੀ ਦੀ ਆਤਮਕ ਜ਼ਿੰਦਗੀ ਦਾ ਆਸਰਾ ਹੈ),

12220	273	ਨਾਨਕ ਬ੍ਰਹਮਗਿਆਨੀ ਕਾ ਬ੍ਰਹਮ ਧਿਆਨੁ॥੩॥		Naanak Breham Giaanee Kaa Breham Dhhiaan ||3||	O Nanak, the God-conscious being is absorbed in God's meditation. ||3||	ਹੇ ਨਾਨਕ! ਬ੍ਰਹਮਗਿਆਨੀ ਦੀ ਸੁਰਤ ਅਕਾਲ ਪੁਰਖ ਨਾਲ ਜੁੜੀ ਰਹਿੰਦੀ ਹੈ ॥੩॥
12221	273	ਬ੍ਰਹਮਗਿਆਨੀ ਏਕ ਊਪਰਿ ਆਸ॥		Breham Giaanee Eaek Oopar Aas ||	The God-conscious being centers his hopes on the One alone.	ਬ੍ਰਹਮਗਿਆਨੀ ਇਕ ਅਕਾਲ ਪੁਰਖ ਉਤੇ ਆਸ ਰੱਖਦਾ ਹੈ;
12222	273	ਬ੍ਰਹਮਗਿਆਨੀ ਕਾ ਨਹੀ ਬਿਨਾਸ॥		Breham Giaanee Kaa Nehee Binaas ||	The God-conscious being shall never perish.	ਬ੍ਰਹਮਗਿਆਨੀ (ਦੀ ਉੱਚੀ ਆਤਮਕ ਅਵਸਥਾ) ਦਾ ਕਦੇ ਨਾਸ ਨਹੀਂ ਹੁੰਦਾ।
12223	273	ਬ੍ਰਹਮਗਿਆਨੀ ਕੈ ਗਰੀਬੀ ਸਮਾਹਾ॥		Breham Giaanee Kai Gareebee Samaahaa ||	The God-conscious being is steeped in humility.	ਬ੍ਰਹਮਗਿਆਨੀ ਦੇ ਹਿਰਦੇ ਵਿਚ ਗਰੀਬੀ ਟਿਕੀ ਰਹਿੰਦੀ ਹੈ,
12224	273	ਬ੍ਰਹਮਗਿਆਨੀ ਪਰਉਪਕਾਰ ਉਮਾਹਾ॥		Breham Giaanee Paroupakaar Oumaahaa ||	The God-conscious being delights in doing good to others.	ਅਤੇ ਉਸ ਨੂੰ ਦੂਜਿਆਂ ਦੀ ਭਲਾਈ ਕਰਨ ਦਾ (ਸਦਾ) ਚਾਉ (ਚੜ੍ਹਿਆ ਰਹਿੰਦਾ) ਹੈ।
12225	273	ਬ੍ਰਹਮਗਿਆਨੀ ਕੈ ਨਾਹੀ ਧੰਧਾ॥		Breham Giaanee Kai Naahee Dhhandhhaa ||	The God-conscious being has no worldly entanglements.	ਬ੍ਰਹਮਗਿਆਨੀ ਦੇ ਮਨ ਵਿਚ (ਮਾਇਆ ਦਾ) ਜੰਜਾਲ ਨਹੀਂ ਵਿਆਪਦਾ,
12226	273	ਬ੍ਰਹਮਗਿਆਨੀ ਲੇ ਧਾਵਤੁ ਬੰਧਾ॥		Breham Giaanee Lae Dhhaavath Bandhhaa ||	The God-conscious being holds his wandering mind under control.	(ਕਿਉਂਕਿ) ਉਹ ਭਟਕਦੇ ਮਨ ਨੂੰ ਕਾਬੂ ਕਰ ਕੇ (ਮਾਇਆ ਵਲੋਂ) ਰੋਕ ਸਕਦਾ ਹੈ।

12227	273	ਬ੍ਰਹਮਗਿਆਨੀ ਕੈ ਹੋਇ ਸੁ ਭਲਾ॥		Breham Giaanee Kai Hoe S Bhalaa ||	The God-conscious being acts in the common good.	ਜੋ ਕੁਝ (ਪ੍ਰਭੂ ਵਲੋਂ) ਹੁੰਦਾ ਹੈ, ਬ੍ਰਹਮਗਿਆਨੀ ਨੂੰ ਆਪਣੇ ਮਨ ਵਿਚ ਭਲਾ ਪ੍ਰਤੀਤ ਹੁੰਦਾ ਹੈ,
12228	273	ਬ੍ਰਹਮਗਿਆਨੀ ਸੁਫਲ ਫਲਾ॥		Breham Giaanee Sufal Falaa ||	The God-conscious being blossoms in fruitfulness.	ਇਸ ਤਰ੍ਹਾਂ) ਉਸ ਦਾ ਮਨੁੱਖਾ ਜਨਮ ਚੰਗੀ ਤਰ੍ਹਾਂ ਕਾਮਯਾਬ ਹੁੰਦਾ ਹੈ।
12229	273	ਬ੍ਰਹਮਗਿਆਨੀ ਸੰਗਿ ਸਗਲ ਉਧਾਰੁ॥		Breham Giaanee Sang Sagal Oudhhaar ||	In the Company of the God-conscious being, all are saved.	ਬ੍ਰਹਮਗਿਆਨੀ ਦੀ ਸੰਗਤਿ ਵਿਚ ਸਭ ਦਾ ਬੇੜਾ ਪਾਰ ਹੁੰਦਾ ਹੈ,
12230	273	ਨਾਨਕ ਬ੍ਰਹਮਗਿਆਨੀ ਜਪੈ ਸਗਲ ਸੰਸਾਰੁ॥੪॥		Naanak Breham Giaanee Japai Sagal Sansaar ||4||	O Nanak, through the God-conscious being, the whole world meditates on God. ||4||	(ਕਿਉਂਕਿ) ਹੇ ਨਾਨਕ! ਬ੍ਰਹਮਗਿਆਨੀ ਦੀ ਰਾਹੀਂ ਸਾਰਾ ਜਗਤ (ਹੀ) (ਪ੍ਰਭੂ ਦਾ ਨਾਮ) ਜਪਣ ਲੱਗ ਪੈਂਦਾ ਹੈ ॥੪॥
12231	273	ਬ੍ਰਹਮਗਿਆਨੀ ਕੈ ਏਕੈ ਰੰਗ॥		Breham Giaanee Kai Eaekai Rang ||	The God-conscious being loves the One Lord alone.	ਬ੍ਰਹਮਗਿਆਨੀ ਦੇ ਹਿਰਦੇ ਵਿਚ (ਸਦਾ) ਇਕ ਅਕਾਲ ਪੁਰਖ ਦਾ ਪਿਆਰ (ਵੱਸਦਾ ਹੈ),
12232	273	ਬ੍ਰਹਮਗਿਆਨੀ ਕੈ ਬਸੈ ਪ੍ਰਭੁ ਸੰਗ॥		Breham Giaanee Kai Basai Prabh Sang ||	The God-conscious being dwells with God.	(ਤਾਹੀਏਂ) ਪ੍ਰਭੂ ਬ੍ਰਹਮਗਿਆਨੀ ਦੇ ਅੰਗ-ਸੰਗ ਰਹਿੰਦਾ ਹੈ।
12233	273	ਬ੍ਰਹਮਗਿਆਨੀ ਕੈ ਨਾਮੁ ਆਧਾਰੁ॥		Breham Giaanee Kai Naam Aadhhaar ||	The God-conscious being takes the Naam as his Support.	ਬ੍ਰਹਮਗਿਆਨੀ ਦੇ ਮਨ ਵਿਚ (ਪ੍ਰਭੂ ਦਾ) ਨਾਮ (ਹੀ) ਟੇਕ ਹੈ,

12234	273	ਬ੍ਰਹਮਗਿਆਨੀ ਕੈ ਨਾਮੁ ਪਰਵਾਰੁ॥		Breham Giaanee Kai Naam Paravaar ||	The God-conscious being has the Naam as his Family.	ਅਤੇ ਨਾਮ ਹੀ ਉਸ ਦਾ ਪਰਵਾਰ ਹੈ।
12235	273	ਬ੍ਰਹਮਗਿਆਨੀ ਸਦਾ ਸਦ ਜਾਗਤ॥		Breham Giaanee Sadhaa Sadh Jaagath ||	The God-conscious being is awake and aware, forever and ever.	ਬ੍ਰਹਮਗਿਆਨੀ ਸਦਾ (ਵਿਕਾਰਾਂ ਦੇ ਹਮਲੇ ਵਲੋਂ) ਸੁਚੇਤ ਰਹਿੰਦਾ ਹੈ,
12236	273	ਬ੍ਰਹਮਗਿਆਨੀ ਅਹੰਬੁਧਿ ਤਿਆਗਤ॥		Breham Giaanee Ahanbudhh Thiaagath ||	The God-conscious being renounces his proud ego.	ਅਤੇ 'ਮੈਂ ਮੈਂ' ਕਰਨ ਵਾਲੀ ਮੱਤ ਛੱਡ ਦੇਂਦਾ ਹੈ।
12237	273	ਬ੍ਰਹਮਗਿਆਨੀ ਕੈ ਮਨਿ ਪਰਮਾਨੰਦ॥		Breham Giaanee Kai Man Paramaanandh ||	In the mind of the God-conscious being, there is supreme bliss.	ਬ੍ਰਹਮਗਿਆਨੀ ਦੇ ਮਨ ਵਿਚ ਉੱਚੇ ਸੁਖ ਦਾ ਮਾਲਕ ਅਕਾਲ ਪੁਰਖ ਵੱਸਦਾ ਹੈ,
12238	273	ਬ੍ਰਹਮਗਿਆਨੀ ਕੈ ਘਰਿ ਸਦਾ ਅਨੰਦ॥		Breham Giaanee Kai Ghar Sadhaa Anandh ||	In the home of the God-conscious being, there is everlasting bliss.	(ਤਾਹੀਏਂ) ਉਸ ਦੇ ਹਿਰਦੇ-ਰੂਪ ਘਰ ਵਿਚ ਸਦਾ ਖ਼ੁਸ਼ੀ ਖਿੜਾਓ ਹੈ।
12239	273	ਬ੍ਰਹਮਗਿਆਨੀ ਸੁਖ ਸਹਜ ਨਿਵਾਸ॥		Breham Giaanee Sukh Sehaj Nivaas ||	The God-conscious being dwells in peaceful ease.	ਬ੍ਰਹਮਗਿਆਨੀ (ਮਨੁੱਖ) ਸੁਖ ਤੇ ਸ਼ਾਂਤੀ ਵਿਚ ਟਿਕਿਆ ਰਹਿੰਦਾ ਹੈ;

12240	273	ਨਾਨਕ ਬ੍ਰਹਮਗਿਆਨੀ ਕਾ ਨਹੀ ਬਿਨਾਸ॥੫॥		Naanak Breham Giaanee Kaa Nehee Binaas ||5||	O Nanak, the God-conscious being shall never perish. ||5||	(ਤੇ) ਹੇ ਨਾਨਕ! ਬ੍ਰਹਮਗਿਆਨੀ (ਦੀ ਇਸ ਉੱਚੀ ਆਤਮਕ ਅਵਸਥਾ) ਦਾ ਕਦੇ ਨਾਸ ਨਹੀਂ ਹੁੰਦਾ ॥੫॥
12241	273	ਬ੍ਰਹਮਗਿਆਨੀ ਬ੍ਰਹਮ ਕਾ ਬੇਤਾ॥	ਬੇੱਤਾ	Breham Giaanee Breham Kaa Baethaa ||	The God-conscious being knows God.	ਬ੍ਰਹਮਗਿਆਨੀ (ਮਨੁੱਖ) ਅਕਾਲ ਪੁਰਖ ਦਾ ਮਹਰਮ ਬਣ ਜਾਂਦਾ ਹੈ,
12242	273	ਬ੍ਰਹਮਗਿਆਨੀ ਏਕ ਸੰਗਿ ਹੇਤਾ॥	ਹੇੱਤਾ	Breham Giaanee Eaek Sang Haethaa ||	The God-conscious being is in love with the One alone.	ਅਤੇ ਉਹ ਇਕ ਪ੍ਰਭੂ ਨਾਲ ਹੀ ਪਿਆਰ ਕਰਦਾ ਹੈ।
12243	273	ਬ੍ਰਹਮਗਿਆਨੀ ਕੈ ਹੋਇ ਅਚਿੰਤ॥	ਅ-ਚਿੰਤ	Breham Giaanee Kai Hoe Achinth ||	The God-conscious being is carefree.	ਬ੍ਰਹਮਗਿਆਨੀ ਦੇ ਮਨ ਵਿਚ (ਸਦਾ) ਬੇਫ਼ਿਕਰੀ ਰਹਿੰਦੀ ਹੈ,
12244	273	ਬ੍ਰਹਮਗਿਆਨੀ ਕਾ ਨਿਰਮਲ ਮੰਤ॥		Breham Giaanee Kaa Niramal Manth ||	Pure are the Teachings of the God-conscious being.	ਉਸ ਦਾ ਉਪਦੇਸ਼ (ਭੀ ਹੋਰਨਾਂ ਨੂੰ) ਪਵਿਤ੍ਰ ਕਰਨ ਵਾਲਾ ਹੁੰਦਾ ਹੈ।
12245	273	ਬ੍ਰਹਮਗਿਆਨੀ ਜਿਸੁ ਕਰੈ ਪ੍ਰਭੁ ਆਪਿ॥		Breham Giaanee Jis Karai Prabh Aap ||	The God-conscious being is made so by God Himself.	(ਉਹੀ ਮਨੁੱਖ ਬ੍ਰਹਮਗਿਆਨੀ ਬਣਦਾ ਹੈ) ਜਿਸ ਨੂੰ ਪ੍ਰਭੂ ਆਪ ਬਣਾਉਂਦਾ ਹੈ,
12246	273	ਬ੍ਰਹਮਗਿਆਨੀ ਕਾ ਬਡ ਪਰਤਾਪ॥		Breham Giaanee Kaa Badd Parathaap ||	The God-conscious being is gloriously great.	ਬ੍ਰਹਮਗਿਆਨੀ ਦਾ ਬੜਾ ਨਾਮਣਾ ਹੋ ਜਾਂਦਾ ਹੈ।

12247	273	ਬ੍ਰਹਮਗਿਆਨੀ ਕਾ ਦਰਸੁ ਬਡਭਾਗੀ ਪਾਈਐ॥		Breham Giaanee Kaa Dharas Baddabhaagee Paaeeai ||	The Darshan, the Blessed Vision of the God-conscious being, is obtained by great good fortune.	ਬ੍ਰਹਮਗਿਆਨੀ ਦਾ ਦੀਦਾਰ ਵੱਡੇ ਭਾਗਾਂ ਨਾਲ ਪਾਈਦਾ ਹੈ;
12248	273	ਬ੍ਰਹਮਗਿਆਨੀ ਕਉ ਬਲਿ ਬਲਿ ਜਾਈਐ॥		Breham Giaanee Ko Bal Bal Jaaeeai ||	To the God-conscious being, I make my life a sacrifice.	ਬ੍ਰਹਮਗਿਆਨੀ ਤੋਂ ਸਦਾ ਸਦਕੇ ਜਾਈਏ।
12249	273	ਬ੍ਰਹਮਗਿਆਨੀ ਕਉ ਖੋਜਹਿ ਮਹੇਸੁਰ॥		Breham Giaanee Ko Khojehi Mehaesur ||	The God-conscious being is sought by the great god Shiva.	ਸ਼ਿਵ (ਆਦਿਕ ਦੇਵਤੇ ਭੀ) ਬ੍ਰਹਮਗਿਆਨੀ ਨੂੰ ਭਾਲਦੇ ਫਿਰਦੇ ਹਨ;
12250	273	ਨਾਨਕ ਬ੍ਰਹਮਗਿਆਨੀ ਆਪਿ ਪਰਮੇਸੁਰ॥੬॥		Naanak Breham Giaanee Aap Paramaesur ||6||	O Nanak, the God-conscious being is Himself the Supreme Lord God. ||6||	ਹੇ ਨਾਨਕ! ਅਕਾਲ ਪੁਰਖ ਆਪ ਬ੍ਰਹਮਗਿਆਨੀ (ਦਾ ਰੂਪ) ਹੈ ॥੬॥
12251	273	ਬ੍ਰਹਮਗਿਆਨੀ ਕੀ ਕੀਮਤਿ ਨਾਹਿ॥		Breham Giaanee Kee Keemath Naahi ||	The God-conscious being cannot be appraised.	ਬ੍ਰਹਮਗਿਆਨੀ (ਦੇ ਗੁਣਾਂ) ਦਾ ਮੁੱਲ ਨਹੀਂ ਪੈ ਸਕਦਾ,

12252	273	ਬ੍ਰਹਮ ਗਿਆਨੀ ਕੈ ਸਗਲ ਮਨ ਮਾਹਿ॥		Breham Giaanee Kai Sagal Man Maahi ||	The God-conscious being has all within his mind.	ਸਾਰੇ ਹੀ (ਗੁਣ) ਬ੍ਰਹਮਗਿਆਨੀ ਦੇ ਅੰਦਰ ਹਨ।
12253	273	ਬ੍ਰਹਮਗਿਆਨੀ ਕਾ ਕਉਨ ਜਾਨੈ ਭੇਦੁ॥		Breham Giaanee Kaa Koun Jaanai Bhaedh ||	Who can know the mystery of the God-conscious being?	ਕੇਹੜਾ ਮਨੁੱਖ ਬ੍ਰਹਮਗਿਆਨੀ (ਦੀ ਉੱਚੀ ਜ਼ਿੰਦਗੀ) ਦਾ ਭੇਤ ਪਾ ਸਕਦਾ ਹੈ?
12254	273	ਬ੍ਰਹਮਗਿਆਨੀ ਕਉ ਸਦਾ ਅਦੇਸੁ॥		Breham Giaanee Ko Sadhaa Adhaes ||	Forever bow to the God-conscious being.	ਬ੍ਰਹਮਗਿਆਨੀ ਦੇ ਅੱਗੇ ਸਦਾ ਨਿਉਣਾ ਹੀ (ਫੱਬਦਾ) ਹੈ।
12255	273	ਬ੍ਰਹਮਗਿਆਨੀ ਕਾ ਕਥਿਆ ਨ ਜਾਇ ਅਧਾਖ੍ਰੁ॥	ਅਧਾਖ੍ਰੁ। (ਬ੍ਰਹਮਗਿਆਨੀ) ਗੁਰਸੇਵਕ ਜੀ, (ਕਾ) ਦੇ ਜਸ ਦਾ (ਅਧਾਖ੍ਰੁ) ਅੱਧਾ ਅੱਖਰ ਭੀ ਕਥਿਆ (ਨ) ਨਹੀਂ (ਜਾਇ) ਜਾਂਦਾ, ਕਿਉਂ ਜੋ, ਉਨ੍ਹਾਂ ਨੂੰ ਸਤਿਗੁਰੂ ਸਾਹਿਬਾਨ ਜੀ ਦੇ ਅਸੰਖ ਸਰੂਪ ਦਰਸ਼ਨ ਬਖ਼ਸ਼ ਰਹੇ ਹਨ। ਇਸ ਤਰਾਂ ਬੋਲੋ ਅਧਾਖਿਅਰੁ	Breham Giaanee Kaa Kathhiaa N Jaae Adhhaakhyar ||	The God-conscious being cannot be described in words.	ਬ੍ਰਹਮਗਿਆਨੀ (ਦੀ ਮਹਿਮਾ) ਦਾ ਅੱਧਾ ਅੱਖਰ ਭੀ ਨਹੀਂ ਕਿਹਾ ਜਾ ਸਕਦਾ;
12256	273	ਬ੍ਰਹਮਗਿਆਨੀ ਸਰਬ ਕਾ ਠਾਕੁਰੁ॥		Breham Giaanee Sarab Kaa Thaakur ||	The God-conscious being is the Lord and Master of all.	ਬ੍ਰਹਮਗਿਆਨੀ ਸਾਰੇ (ਜੀਵਾਂ) ਦਾ ਪੂਜਯ ਹੈ।

12257	273	ਬ੍ਰਹਮਗਿਆਨੀ ਕੀ ਮਿਤਿ ਕਉਨੁ ਬਖਾਨੈ॥		Breham Giaanee Kee Mith Koun Bakhaanai ||	Who can describe the limits of the God-conscious being?	ਬ੍ਰਹਮਗਿਆਨੀ (ਦੀ ਉੱਚੀ ਜ਼ਿੰਦਗੀ) ਦਾ ਅੰਦਾਜ਼ਾ ਕੌਣ ਲਾ ਸਕਦਾ ਹੈ?
12258	273	ਬ੍ਰਹਮਗਿਆਨੀ ਕੀ ਗਤਿ ਬ੍ਰਹਮਗਿਆਨੀ ਜਾਨੈ॥		Breham Giaanee Kee Gath Breham Giaanee Jaanai ||	Only the God-conscious being can know the state of the God-conscious being.	ਉਸ ਦੀ ਹਾਲਤ (ਉਸ ਵਰਗਾ) ਬ੍ਰਹਮਗਿਆਨੀ ਹੀ ਜਾਣਦਾ ਹੈ।
12259	273	ਬ੍ਰਹਮਗਿਆਨੀ ਕਾ ਅੰਤੁ ਨ ਪਾਰੁ॥		Breham Giaanee Kaa Anth N Paar ||	The God-conscious being has no end or limitation.	ਬ੍ਰਹਮਗਿਆਨੀ (ਦੇ ਗੁਣਾਂ ਦੇ ਸਮੁੰਦਰ) ਦਾ ਕੋਈ ਹੱਦ ਬੰਨਾ ਨਹੀਂ;
12260	273	ਨਾਨਕ ਬ੍ਰਹਮਗਿਆਨੀ ਕਉ ਸਦਾ ਨਮਸਕਾਰੁ॥੭॥		Naanak Breham Giaanee Ko Sadhaa Namasakaar ||7||	O Nanak, to the God-conscious being, bow forever in reverence. ||7||	ਹੇ ਨਾਨਕ! ਸਦਾ ਬ੍ਰਹਮਗਿਆਨੀ ਦੇ ਚਰਨਾਂ ਤੇ ਪਿਆ ਰਹੁ ॥੭॥
12261	273	ਬ੍ਰਹਮਗਿਆਨੀ ਸਭ ਸ੍ਰਿਸਟਿ ਕਾ ਕਰਤਾ॥	ਸ੍ਰਿ ਸਟਿ	Breham Giaanee Sabh Srisatt Kaa Karathaa ||	The God-conscious being is the Creator of all the world.	ਬ੍ਰਹਮਗਿਆਨੀ ਸਾਰੇ ਜਗਤ ਦਾ ਬਣਾਉਣ ਵਾਲਾ ਹੈ,
12262	273	ਬ੍ਰਹਮਗਿਆਨੀ ਸਦ ਜੀਵੈ ਨਹੀ ਮਰਤਾ॥		Breham Giaanee Sadh Jeevai Nehee Marathaa ||	The God-conscious being lives forever, and does not die.	ਸਦਾ ਹੀ ਜਿਊਂਦਾ ਹੈ, ਕਦੇ (ਜਨਮ) ਮਰਨ ਦੇ ਗੇੜ ਵਿਚ ਨਹੀਂ ਆਉਂਦਾ।

12263	273	ਬ੍ਰਹਮਗਿਆਨੀ ਮੁਕਤਿ ਜੁਗਤਿ ਜੀਅ ਕਾ ਦਾਤਾ॥	ਦਾਤਾ: ਪੋਲਾ ਬੋਲੋ	Breham Giaanee Mukath Jugath Jeea Kaa Dhaathaa ||	The God-conscious being is the Giver of the way of liberation of the soul.	ਬ੍ਰਹਮਗਿਆਨੀ ਮੁਕਤੀ ਦਾ ਰਾਹ (ਦੱਸਣ ਵਾਲਾ ਤੇ ਉੱਚੀ ਆਤਮਕ) ਜ਼ਿੰਦਗੀ ਦਾ ਦੇਣ ਵਾਲਾ ਹੈ,
12264	273	ਬ੍ਰਹਮਗਿਆਨੀ ਪੂਰਨ ਪੁਰਖੁ ਬਿਧਾਤਾ॥	ਬਿਧਾਤਾ	Breham Giaanee Pooran Purakh Bidhhaathaa ||	The God-conscious being is the Perfect Supreme Being, who orchestrates all.	ਉਹੀ ਪੂਰਨ ਪੁਰਖ ਤੇ ਕਾਦਰ ਹੈ।
12265	273	ਬ੍ਰਹਮਗਿਆਨੀ ਅਨਾਥ ਕਾ ਨਾਥੁ॥		Breham Giaanee Anaathh Kaa Naathh ||	The God-conscious being is the helper of the helpless.	ਬ੍ਰਹਮਗਿਆਨੀ ਨਿਖ਼ਸਮਿਆਂ ਦਾ ਖ਼ਸਮ ਹੈ,
12266	273	ਬ੍ਰਹਮਗਿਆਨੀ ਕਾ ਸਭ ਊਪਰਿ ਹਾਥੁ॥		Breham Giaanee Kaa Sabh Oopar Haathh ||	The God-conscious being extends his hand to all.	ਸਭ ਦੀ ਸਹਾਇਤਾ ਕਰਦਾ ਹੈ।
12267	273	ਬ੍ਰਹਮਗਿਆਨੀ ਕਾ ਸਗਲ ਅਕਾਰੁ॥		Breham Giaanee Kaa Sagal Akaar ||	The God-conscious being owns the entire creation.	ਸਾਰਾ ਦਿੱਸਦਾ ਜਗਤ ਬ੍ਰਹਮਗਿਆਨੀ ਦਾ (ਆਪਣਾ) ਹੈ,
12268	274	ਬ੍ਰਹਮਗਿਆਨੀ ਆਪਿ ਨਿਰੰਕਾਰੁ॥		Breham Giaanee Aap Nirankaar ||	The God-conscious being is himself the Formless Lord.	ਉਹ (ਤਾਂ ਪ੍ਰਤੱਖ) ਆਪ ਹੀ ਰੱਬ ਹੈ।

12269	274	ਬ੍ਰਹਮਗਿਆਨੀ ਕੀ ਸੋਭਾ ਬ੍ਰਹਮਗਿਆਨੀ ਬਨੀ॥		Breham Giaanee Kee Sobhaa Breham Giaanee Banee ||	The glory of the God-conscious being belongs to the God-conscious being alone.	ਬ੍ਰਹਮਗਿਆਨੀ ਦੀ ਮਹਿਮਾ (ਕੋਈ) ਬ੍ਰਹਮਗਿਆਨੀ ਹੀ ਕਰ ਸਕਦਾ ਹੈ;
12270	274	ਨਾਨਕ ਬ੍ਰਹਮਗਿਆਨੀ ਸਰਬ ਕਾ ਧਨੀ॥੮॥੮॥		Naanak Breham Giaanee Sarab Kaa Dhhanee ||8||8||	O Nanak, the God-conscious being is the Lord of all. ||8||8||	ਹੇ ਨਾਨਕ! ਬ੍ਰਹਮਗਿਆਨੀ ਸਭ ਜੀਵਾਂ ਦਾ ਮਾਲਕ ਹੈ ॥੮॥੮॥
12271	274	ਸਲੋਕੁ॥		Salok ||	Shalok:	
12272	274	ਉਰਿ ਧਾਰੈ ਜੋ ਅੰਤਰਿ ਨਾਮੁ॥		Our Dhhaarai Jo Anthar Naam ||	One who enshrines the Naam within the heart,	ਜੋ ਮਨੁੱਖ ਸਦਾ ਆਪਣੇ ਹਿਰਦੇ ਵਿਚ ਅਕਾਲ ਪੁਰਖ ਦਾ ਨਾਮ ਟਿਕਾ ਰੱਖਦਾ ਹੈ,
12273	274	ਸਰਬ ਮੈ ਪੇਖੈ ਭਗਵਾਨੁ॥		Sarab Mai Paekhai Bhagavaan ||	Who sees the Lord God in all,	ਅਤੇ ਭਗਵਾਨ ਨੂੰ ਸਭਨਾਂ ਵਿਚ ਵਿਆਪਕ ਵੇਖਦਾ ਹੈ,
12274	274	ਨਿਮਖ ਨਿਮਖ ਠਾਕੁਰ ਨਮਸਕਾਰੈ॥		Nimakh Nimakh Thaakur Namasakaarai ||	Who, each and every moment, bows in reverence to the Lord Master	ਜੋ ਪਲ ਪਲ ਆਪਣੇ ਪ੍ਰਭੂ ਨੂੰ ਜੁਹਾਰਦਾ ਹੈ;
12275	274	ਨਾਨਕ ਓਹੁ ਅਪਰਸੁ ਸਗਲ ਨਿਸਤਾਰੈ॥੧॥	ਅ-ਪਰਸੁ	Naanak Ouhu Aparas Sagal Nisathaarai ||1||	- O Nanak, such a one is the true 'touch-nothing Saint', who emancipates everyone. ||1||	ਹੇ ਨਾਨਕ! ਉਹ (ਅਸਲੀ) ਅਪਰਸ ਹੈ ਅਤੇ ਉਹ ਸਭ ਜੀਵਾਂ ਨੂੰ (ਸੰਸਾਰ-ਸਮੁੰਦਰ ਤੋਂ) ਤਾਰ ਲੈਂਦਾ ਹੈ ॥੧॥

12276	274	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	
12277	274	ਮਿਥਿਆ ਨਾਹੀ ਰਸਨਾ ਪਰਸ॥	ਮਿਥਿਆ: ਪੋਲਾ ਬੋਲੋ। ਪਰਸ ਮਿਲਵਾਂ	Mithhiaa Naahee Rasanaa Paras ||	One whose tongue does not touch falsehood;	ਜੋ ਮਨੁੱਖ ਜੀਭ ਨਾਲ ਝੂਠ ਨੂੰ ਛੋਹਣ ਨਹੀਂ ਦੇਂਦਾ,
12278	274	ਮਨ ਮਹਿ ਪ੍ਰੀਤਿ ਨਿਰੰਜਨ ਦਰਸ॥		Man Mehi Preeth Niranjan Dharas ||	Whose mind is filled with love for the Blessed Vision of the Pure Lord,	ਮਨ ਵਿਚ ਅਕਾਲ ਪੁਰਖ ਦੇ ਦੀਦਾਰ ਦੀ ਤਾਂਘ ਰੱਖਦਾ ਹੈ;
12279	274	ਪਰ ਤ੍ਰਿਅ ਰੂਪੁ ਨ ਪੇਖੈ ਨੇਤ੍ਰ॥		Par Thria Roop N Paekhai Naethr ||	Whose eyes do not gaze upon the beauty of others' wives,	ਜੋ ਪਰਾਈ ਇਸਤ੍ਰੀ ਦੇ ਹੁਸਨ ਨੂੰ ਆਪਣੀਆਂ ਅੱਖਾਂ ਨਾਲ ਨਹੀਂ ਤੱਕਦਾ,
12280	274	ਸਾਧ ਕੀ ਟਹਲ ਸੰਤਸੰਗਿ ਹੇਤ॥		Saadhh Kee Ttehal Santhasang Haeth ||	Who serves the Holy and loves the Saints' Congregation,	ਭਲੇ ਮਨੁੱਖਾਂ ਦੀ ਟਹਲ (ਕਰਦਾ ਹੈ) ਤੇ ਸੰਤ ਜਨਾਂ ਦੀ ਸੰਗਤਿ ਵਿਚ ਪ੍ਰੀਤ (ਰੱਖਦਾ ਹੈ);
12281	274	ਕਰਨ ਨ ਸੁਨੈ ਕਾਹੂ ਕੀ ਨਿੰਦਾ॥		Karan N Sunai Kaahoo Kee Nindhaa ||	Whose ears do not listen to slander against anyone,	ਜੋ ਕੰਨਾਂ ਨਾਲ ਕਿਸੇ ਦੀ ਭੀ ਨਿੰਦਿਆ ਨਹੀਂ ਸੁਣਦਾ,
12282	274	ਸਭ ਤੇ ਜਾਨੈ ਆਪਸ ਕਉ ਮੰਦਾ॥		Sabh Thae Jaanai Aapas Ko Mandhaa ||	Who deems himself to be the worst of all,	(ਸਗੋਂ) ਸਾਰਿਆਂ ਨਾਲੋਂ ਆਪਣੇ ਆਪ ਨੂੰ ਮਾੜਾ ਸਮਝਦਾ ਹੈ;
12283	274	ਗੁਰ ਪ੍ਰਸਾਦਿ ਬਿਖਿਆ ਪਰਹਰੈ॥		Gur Prasaadh Bikhiaa Pareharai ||	Who, by Guru's Grace, renounces corruption,	ਜੋ ਗੁਰੂ ਦੀ ਮੇਹਰ ਦਾ ਸਦਕਾ ਮਾਇਆ (ਦਾ ਪ੍ਰਭਾਵ) ਪਰੇ ਹਟਾ ਦੇਂਦਾ ਹੈ,

12284	274	ਮਨ ਕੀ ਬਾਸਨਾ ਮਨ ਤੇ ਟਰੈ॥		Man Kee Baasanaa Man Thae Ttarai ||	Who banishes the mind's evil desires from his mind,	ਤੇ ਜਿਸ ਦੇ ਮਨ ਦੀ ਵਾਸਨਾ ਮਨ ਤੋਂ ਟਲ ਜਾਂਦੀ ਹੈ;
12285	274	ਇੰਦ੍ਰੀ ਜਿਤ ਪੰਚ ਦੋਖ ਤੇ ਰਹਤ॥	ਜਿੱਤ	Eindhree Jith Panch Dhokh Thae Rehath ||	Who conquers his sexual instincts and is free of the five sinful passions	ਜੋ ਆਪਣੇ ਗਿਆਨ-ਇੰਦ੍ਰਿਆਂ ਨੂੰ ਵੱਸ ਵਿਚ ਰੱਖ ਕੇ ਕਾਮਾਦਿਕ ਪੰਜੇ ਹੀ ਵਿਕਾਰਾਂ ਤੋਂ ਬਚਿਆ ਰਹਿੰਦਾ ਹੈ,
12286	274	ਨਾਨਕ ਕੋਟਿ ਮਧੇ ਕੋ ਐਸਾ ਅਪਰਸ॥੧॥	ਮਧੇ: ਪੋਲਾ ਬੋਲੋ। ਅ-ਪਰਸ	Naanak Kott Madhhae Ko Aisaa Aparas ||1||	- O Nanak, among millions, there is scarcely one such 'touch-nothing Saint'. ||1||	ਹੇ ਨਾਨਕ! ਕਰੋੜਾਂ ਵਿਚੋਂ ਕੋਈ ਇਹੋ ਜਿਹਾ ਵਿਰਲਾ ਬੰਦਾ "ਅਪਰਸ" (ਕਿਹਾ ਜਾ ਸਕਦਾ ਹੈ) ॥੧॥
12287	274	ਬੈਸਨੋ ਸੋ ਜਿਸੁ ਊਪਰਿ ਸੁਪ੍ਰਸੰਨ॥	ਸੁਪ੍ਰਸੰਨ	Baisano So Jis Oopar Suprasann ||	The true Vaishnaav, the devotee of Vishnu, is the one with whom God is thoroughly pleased.	ਜਿਸ ਉਤੇ ਪ੍ਰਭੂ ਆਪ ਤੁਠਦਾ ਹੈ, ਉਹ ਹੈ ਅਸਲੀ ਵੈਸ਼ਨੋ,
12288	274	ਬਿਸਨ ਕੀ ਮਾਇਆ ਤੇ ਹੋਇ ਭਿੰਨ॥		Bisan Kee Maaeiaa Thae Hoe Bhinn ||	He dwells apart from Maya.	ਜੋ ਮਨੁੱਖ ਪ੍ਰਭੂ ਦੀ ਮਾਇਆ ਦੇ ਅਸਰ ਤੋਂ ਬੇ-ਦਾਗ਼ ਹੈ।
12289	274	ਕਰਮ ਕਰਤ ਹੋਵੈ ਨਿਹਕਰਮ॥		Karam Karath Hovai Nihakaram ||	Performing good deeds, he does not seek rewards.	ਜੋ (ਧਰਮ ਦੇ) ਕੰਮ ਕਰਦਾ ਹੋਇਆ ਇਹਨਾਂ ਕੰਮਾਂ ਦੇ ਫਲ ਦੀ ਇੱਛਾ ਨਹੀਂ ਰੱਖਦਾ,
12290	274	ਤਿਸੁ ਬੈਸਨੋ ਕਾ ਨਿਰਮਲ ਧਰਮ॥		This Baisano Kaa Niramal Dhharam ||	Spotlessly pure is the religion of such a Vaishnaav;	ਉਸ ਵੈਸ਼ਨੋ ਦਾ ਧਰਮ (ਭੀ) ਪਵਿਤ੍ਰ ਹੈ ।

12291	274	ਕਾਹੂ ਫਲ ਕੀ ਇਛਾ ਨਹੀ ਬਾਛੈ॥		Kaahoo Fal Kee Eishhaa Nehee Baashhai ||	He has no desire for the fruits of his labors.	ਜੋ ਮਨੁੱਖ ਕਿਸੇ ਭੀ ਫਲ ਦੀ ਖ਼ਾਹਸ਼ ਨਹੀਂ ਕਰਦਾ;
12292	274	ਕੇਵਲ ਭਗਤਿ ਕੀਰਤਨ ਸੰਗਿ ਰਾਚੈ॥		Kaeval Bhagath Keerathan Sang Raachai ||	He is absorbed in devotional worship and the singing of Kirtan, the songs of the Lord's Glory.	ਨਿਰਾ ਭਗਤੀ ਤੇ ਕੀਰਤਨ ਵਿਚ ਮਸਤ ਰਹਿੰਦਾ ਹੈ,
12293	274	ਮਨ ਤਨ ਅੰਤਰਿ ਸਿਮਰਨ ਗੋਪਾਲ॥		Man Than Anthar Simaran Gopaal ||	Within his mind and body, he meditates in remembrance on the Lord of the Universe.	ਜਿਸ ਦੇ ਮਨ ਤਨ ਵਿਚ ਪ੍ਰਭੂ ਦਾ ਸਿਮਰਨ ਵੱਸ ਰਿਹਾ ਹੈ,
12294	274	ਸਭ ਊਪਰਿ ਹੋਵਤ ਕਿਰਪਾਲ॥		Sabh Oopar Hovath Kirapaal ||	He is kind to all creatures.	ਜੋ ਸਭ ਜੀਵਾਂ ਉਤੇ ਦਇਆ ਕਰਦਾ ਹੈ,
12295	274	ਆਪਿ ਦ੍ਰਿੜੈ ਅਵਰਹ ਨਾਮੁ ਜਪਾਵੈ॥		Aap Dhrirrai Avareh Naam Japaavai ||	He holds fast to the Naam, and inspires others to chant it.	ਜੋ ਆਪ (ਪ੍ਰਭੂ ਦੇ ਨਾਮ ਨੂੰ) ਆਪਣੇ ਮਨ ਵਿਚ ਟਿਕਾਉਂਦਾ ਹੈ ਤੇ ਹੋਰਨਾਂ ਨੂੰ ਨਾਮ ਜਪਾਉਂਦਾ ਹੈ,
12296	274	ਨਾਨਕ ਓਹੁ ਬੈਸਨੋ ਪਰਮਗਤਿ ਪਾਵੈ॥੨॥		Naanak Ouhu Baisano Param Gath Paavai ||2||	O Nanak, such a Vaishnaav obtains the supreme status. ||2||	ਹੇ ਨਾਨਕ! ਉਹ ਵੈਸ਼ਨੋ ਉੱਚਾ ਦਰਜਾ ਹਾਸਲ ਕਰਦਾ ਹੈ ॥੨॥
12297	274	ਭਗਉਤੀ ਭਗਵੰਤ ਭਗਤਿ ਕਾ ਰੰਗੁ॥	(ਭਗਉਤੀ) ਸੱਚਾ ਰਾਸ ਧਾਰੀਆ	Bhagouthee Bhagavanth Bhagath Kaa Rang ||	The true Bhagaautee, the devotee of Adi Shakti, loves the devotional worship of God.	ਭਗਵਾਨ ਦਾ (ਅਸਲੀ) ਉਪਾਸ਼ਕ (ਉਹ ਹੈ ਜਿਸ ਦੇ ਹਿਰਦੇ ਵਿਚ) ਭਗਵਾਨ ਦੀ ਭਗਤੀ ਦਾ ਪਿਆਰ ਹੈ,

12298	274	ਸਗਲ ਤਿਆਗੈ ਦੁਸਟ ਕਾ ਸੰਗੁ॥		Sagal Thiaagai Dhusatt Kaa Sang ||	He forsakes the company of all wicked people.	ਤੇ ਜੋ ਸਭ ਮੰਦ-ਕਰਮੀਆਂ ਦੀ ਸੁਹਬਤ ਛੱਡ ਦੇਂਦਾ ਹੈ;
12299	274	ਮਨ ਤੇ ਬਿਨਸੈ ਸਗਲਾ ਭਰਮੁ॥		Man Thae Binasai Sagalaa Bharam ||	All doubts are removed from his mind.	ਜਿਸ ਦੇ ਮਨ ਵਿਚੋਂ ਹਰ ਤਰ੍ਹਾਂ ਦਾ ਵਹਿਮ ਮਿਟ ਜਾਂਦਾ ਹੈ,
12300	274	ਕਰਿ ਪੂਜੈ ਸਗਲ ਪਾਰਬ੍ਰਹਮੁ॥		Kar Poojai Sagal Paarabreham ||	He performs devotional service to the Supreme Lord God in all.	ਜੋ ਅਕਾਲ ਪੁਰਖ ਨੂੰ ਹਰ ਥਾਂ ਮੌਜੂਦ ਜਾਣ ਕੇ ਪੂਜਦਾ ਹੈ,
12301	274	ਸਾਧਸੰਗਿ ਪਾਪਾ ਮਲੁ ਖੋਵੈ॥	ਪਾਪਾਂ	Saadhhasang Paapaa Mal Khovai ||	In the Company of the Holy, the filth of sin is washed away.	ਜੋ ਗੁਰਮੁਖਾਂ ਦੀ ਸੰਗਤਿ ਵਿਚ ਰਹਿ ਕੇ ਪਾਪਾਂ ਦੀ ਮੈਲ (ਮਨ ਤੋਂ) ਦੂਰ ਕਰਦਾ ਹੈ,
12302	274	ਤਿਸੁ ਭਗਉਤੀ ਕੀ ਮਤਿ ਊਤਮ ਹੋਵੈ॥		This Bhagouthee Kee Math Ootham Hovai ||	The wisdom of such a Bhagaautee becomes supreme.	ਉਸ ਭਗਉਤੀ ਦੀ ਮਤਿ ਉੱਚੀ ਹੁੰਦੀ ਹੈ।
12303	274	ਭਗਵੰਤ ਕੀ ਟਹਲ ਕਰੈ ਨਿਤ ਨੀਤਿ॥		Bhagavanth Kee Ttehal Karai Nith Neeth ||	He constantly performs the service of the Supreme Lord God.	ਜੋ ਨਿੱਤ ਭਗਵਾਨ ਦਾ ਸਿਮਰਨ ਕਰਦਾ ਹੈ,
12304	274	ਮਨੁ ਤਨੁ ਅਰਪੈ ਬਿਸਨ ਪਰੀਤਿ॥		Man Than Arapai Bisan Pareeth ||	He dedicates his mind and body to the Love of God.	ਜੋ ਪ੍ਰਭੂ-ਪਿਆਰ ਤੋਂ ਆਪਣਾ ਮਨ ਤੇ ਤਨ ਕੁਰਬਾਨ ਕਰ ਦੇਂਦਾ ਹੈ;
12305	274	ਹਰਿ ਕੇ ਚਰਨ ਹਿਰਦੈ ਬਸਾਵੈ॥		Har Kae Charan Hiradhai Basaavai ||	The Lotus Feet of the Lord abide in his heart.	ਜੋ ਪ੍ਰਭੂ ਦੇ ਚਰਨ (ਸਦਾ ਆਪਣੇ) ਹਿਰਦੇ ਵਿਚ ਵਸਾਉਂਦਾ ਹੈ।

12306	274	ਨਾਨਕ ਐਸਾ ਭਗਉਤੀ ਭਗਵੰਤ ਕਉ ਪਾਵੈ॥੩॥		Naanak Aisaa Bhagouthee Bhagavanth Ko Paavai ||3||	O Nanak, such a Bhagaautee attains the Lord God. ||3||	ਹੇ ਨਾਨਕ! ਅਜੇਹਾ ਭਗਉਤੀ ਭਗਵਾਨ ਨੂੰ ਲੱਭ ਲੈਂਦਾ ਹੈ ॥੩॥
12307	274	ਸੋ ਪੰਡਿਤੁ ਜੋ ਮਨੁ ਪਰਬੋਧੈ॥		So Panddith Jo Man Parabodhhai ||	He is a true Pandit, a religious scholar, who instructs his own mind.	(ਅਸਲੀ) ਪੰਡਿਤ ਉਹ ਹੈ ਜੋ ਆਪਣੇ ਮਨ ਨੂੰ ਸਿੱਖਿਆ ਦੇਂਦਾ ਹੈ,
12308	274	ਰਾਮ ਨਾਮੁ ਆਤਮ ਮਹਿ ਸੋਧੈ॥		Raam Naam Aatham Mehi Sodhhai ||	He searches for the Lord's Name within his own soul.	ਅਤੇ ਪ੍ਰਭੂ ਦੇ ਨਾਮ ਨੂੰ ਆਪਣੇ ਮਨ ਵਿਚ ਭਾਲਦਾ ਹੈ।
12309	274	ਰਾਮ ਨਾਮ ਸਾਰੁ ਰਸੁ ਪੀਵੈ॥		Raam Naam Saar Ras Peevai ||	He drinks in the Exquisite Nectar of the Lord's Name.	ਜੋ ਪ੍ਰਭੂ-ਨਾਮ ਦਾ ਮਿੱਠਾ ਸੁਆਦ ਚੱਖਦਾ ਹੈ,
12310	274	ਉਸੁ ਪੰਡਿਤ ਕੈ ਉਪਦੇਸਿ ਜਗੁ ਜੀਵੈ॥		Ous Panddith Kai Oupadhaes Jag Jeevai ||	By that Pandit's teachings, the world lives.	ਉਸ ਪੰਡਿਤ ਦੇ ਉਪਦੇਸ਼ ਨਾਲ (ਸਾਰਾ) ਸੰਸਾਰ ਰੂਹਾਨੀ ਜ਼ਿੰਦਗੀ ਹਾਸਲ ਕਰਦਾ ਹੈ।
12311	274	ਹਰਿ ਕੀ ਕਥਾ ਹਿਰਦੈ ਬਸਾਵੈ॥		Har Kee Kathhaa Hiradhai Basaavai ||	He implants the Sermon of the Lord in his heart.	ਜੋ ਅਕਾਲ ਪੁਰਖ (ਦੀ ਸਿਫ਼ਤ-ਸਾਲਾਹ) ਦੀਆਂ ਗੱਲਾਂ ਆਪਣੇ ਹਿਰਦੇ ਵਿਚ ਵਸਾਉਂਦਾ ਹੈ,
12312	274	ਸੋ ਪੰਡਿਤੁ ਫਿਰਿ ਜੋਨਿ ਨ ਆਵੈ॥		So Panddith Fir Jon N Aavai ||	Such a Pandit is not cast into the womb of reincarnation again.	ਉਹ ਪੰਡਿਤ ਮੁੜ ਜਨਮ (ਮਰਨ) ਵਿਚ ਨਹੀਂ ਆਉਂਦਾ।

12313	274	ਬੇਦ ਪੁਰਾਨ ਸਿਮ੍ਰਿਤਿ ਬੂਝੈ ਮੂਲ॥	ਸਿਮ-ਰ੍ਿਤਿ।ਬੂੱਝੈ	Baedh Puraan Simrith Boojhai Mool ||	He understands the fundamental essence of the Vedas, the Puraanas and the Simritees.	ਜੋ ਵੇਦ ਪੁਰਾਣ ਸਿਮ੍ਰਿਤੀਆਂ (ਆਦਿਕ ਸਭ ਧਰਮ-ਪੁਸਤਕਾਂ) ਦਾ ਮੁੱਢ (ਪ੍ਰਭੂ ਨੂੰ) ਸਮਝਦਾ ਹੈ,
12314	274	ਸੂਖਮ ਮਹਿ ਜਾਨੈ ਅਸਥੂਲੁ॥		Sookham Mehi Jaanai Asathhool ||	In the unmanifest, he sees the manifest world to exist.	ਜੋ ਇਹ ਜਾਣਦਾ ਹੈ ਕਿ ਇਹ ਸਾਰਾ ਦਿੱਸਦਾ ਜਗਤ ਅਦ੍ਰਿਸ਼ਟ ਪ੍ਰਭੂ ਦੇ ਹੀ ਆਸਰੇ ਹੈ;
12315	274	ਚਹੁ ਵਰਨਾ ਕਉ ਦੇ ਉਪਦੇਸੁ॥		Chahu Varanaa Ko Dhae Oupadhaes ||	He gives instruction to people of all castes and social classes.	ਜੋ (ਬ੍ਰਾਹਮਣ, ਖਤ੍ਰੀ, ਵੈਸ਼, ਸ਼ੂਦਰ) ਚਾਰੇ ਹੀ ਜਾਤੀਆਂ ਨੂੰ ਸਿੱਖਿਆ ਦੇਂਦਾ ਹੈ,
12316	274	ਨਾਨਕ ਉਸੁ ਪੰਡਿਤ ਕਉ ਸਦਾ ਅਦੇਸੁ॥੪॥		Naanak Ous Panddith Ko Sadhaa Adhaes ||4||	O Nanak, to such a Pandit, I bow in salutation forever. ||4||	ਹੇ ਨਾਨਕ! (ਆਖ) ਉਸ ਪੰਡਿਤ ਅੱਗੇ ਅਸੀਂ ਸਦਾ ਸਿਰ ਨਿਵਾਉਂਦੇ ਹਾਂ ॥੪॥
12317	274	ਬੀਜ ਮੰਤ੍ਰੁ ਸਰਬ ਕੋ ਗਿਆਨੁ॥		Beej Manthra Sarab Ko Giaan ||	The Beej Mantra, the Seed Mantra, is spiritual wisdom for everyone.	ਨਾਮ (ਹੋਰ ਸਭ ਮੰਤ੍ਰਾਂ ਦਾ) ਮੁੱਢ ਮੰਤ੍ਰ ਹੈ ਅਤੇ ਸਭ ਦਾ ਗਿਆਨ (ਦਾਤਾ) ਹੈ,
12318	274	ਚਹੁ ਵਰਨਾ ਮਹਿ ਜਪੈ ਕੋਊ ਨਾਮੁ॥		Chahu Varanaa Mehi Japai Kooo Naam ||	Anyone, from any class, may chant the Naam.	(ਬ੍ਰਾਹਮਣ, ਖਤ੍ਰੀ, ਵੈਸ਼, ਸ਼ੂਦਰ) ਚਾਰੇ ਹੀ ਜਾਤੀਆਂ ਵਿਚੋਂ ਕੋਈ ਭੀ ਮਨੁੱਖ (ਪ੍ਰਭੂ ਦਾ) ਨਾਮ ਜਪ (ਕੇ ਵੇਖ ਲਏ)
12319	274	ਜੋ ਜੋ ਜਪੈ ਤਿਸ ਕੀ ਗਤਿ ਹੋਇ॥		Jo Jo Japai This Kee Gath Hoe ||	Whoever chants it, is emancipated.	ਜੋ ਜੋ ਮਨੁੱਖ ਨਾਮ ਜਪਦਾ ਹੈ ਉਸ ਦੀ ਉੱਚੀ ਜ਼ਿੰਦਗੀ ਬਣ ਜਾਂਦੀ ਹੈ,

12320	274	ਸਾਧਸੰਗਿ ਪਾਵੈ ਜਨੁ ਕੋਇ॥		Saadhhasang Paavai Jan Koe ||	And yet, rare are those who attain it, in the Company of the Holy.	(ਪਰ) ਕੋਈ ਵਿਰਲਾ ਮਨੁੱਖ ਸਾਧ ਸੰਗਤਿ ਵਿਚ (ਰਹਿ ਕੇ) (ਇਸ ਨੂੰ) ਹਾਸਲ ਕਰਦਾ ਹੈ।
12321	274	ਕਰਿ ਕਿਰਪਾ ਅੰਤਰਿ ਉਰ ਧਾਰੈ॥		Kar Kirapaa Anthar Our Dhhaarai ||	By His Grace, He enshrines it within.	(ਜੇ ਪ੍ਰਭੂ) ਮੇਹਰ ਕਰ ਕੇ (ਉਸ ਦੇ) ਹਿਰਦੇ ਵਿਚ (ਨਾਮ) ਟਿਕਾ ਦੇਵੇ,
12322	274	ਪਸੁ ਪ੍ਰੇਤ ਮੁਘਦ ਪਾਥਰ ਕਉ ਤਾਰੈ॥		Pas Praeth Mughadh Paathhar Ko Thaarai ||	Even beasts, ghosts and the stone-hearted are saved.	ਪਸ਼ੂ, ਚੰਦਰੀ ਰੂਹ, ਮੂਰਖ, ਪੱਥਰ (-ਦਿਲ) (ਕੋਈ ਭੀ ਹੋਵੇ ਸਭ) ਨੂੰ (ਨਾਮ) ਤਾਰ ਦੇਂਦਾ ਹੈ।
12323	274	ਸਰਬ ਰੋਗ ਕਾ ਅਉਖਦੁ ਨਾਮੁ॥	ਅਉ-ਖਦੁ: ਪੋਲਾ ਬੋਲੋ	Sarab Rog Kaa Aoukhadh Naam ||	The Naam is the panacea, the remedy to cure all ills.	ਪ੍ਰਭੂ ਦਾ ਨਾਮ ਸਾਰੇ ਰੋਗਾਂ ਦੀ ਦਵਾਈ ਹੈ,
12324	274	ਕਲਿਆਣ ਰੂਪ ਮੰਗਲ ਗੁਣ ਗਾਮ॥		Kaliaan Roop Mangal Gun Gaam ||	Singing the Glory of God is the embodiment of bliss and emancipation.	ਪ੍ਰਭੂ ਦੇ ਗੁਣ ਗਾਉਣੇ ਚੰਗੇ ਭਾਗਾਂ ਤੇ ਸੁਖ ਦਾ ਰੂਪ ਹੈ।
12325	274	ਕਾਹੂ ਜੁਗਤਿ ਕਿਤੈ ਨ ਪਾਈਐ ਧਰਮਿ॥	ਕਿਤੈ: ਪੋਲਾ ਬੋਲੋ	Kaahoo Jugath Kithai N Paaeeai Dhharam ||	It cannot be obtained by any religious rituals.	(ਪਰ ਇਹ ਨਾਮ ਹੋਰ) ਕਿਸੇ ਢੰਗ ਨਾਲ ਜਾਂ ਕਿਸੇ ਧਾਰਮਿਕ ਰਸਮ ਰਿਵਾਜ ਦੇ ਕਰਨ ਨਾਲ ਨਹੀਂ ਮਿਲਦਾ;

12326	274	ਨਾਨਕ ਤਿਸੁ ਮਿਲੈ ਜਿਸੁ ਲਿਖਿਆ ਧੁਰਿ ਕਰਮਿ॥੫॥		Naanak This Milai Jis Likhiaa Dhhur Karam ||5||	O Nanak, he alone obtains it, whose karma is so pre-ordained. ||5||	ਹੇ ਨਾਨਕ! (ਇਹ ਨਾਮ) ਉਸ ਮਨੁੱਖ ਨੂੰ ਮਿਲਦਾ ਹੈ ਜਿਸ (ਦੇ ਮੱਥੇ ਤੇ) ਧੁਰੋਂ (ਪ੍ਰਭੂ ਦੀ) ਮੇਹਰ ਅਨੁਸਾਰ ਲਿਖਿਆ ਜਾਂਦਾ ਹੈ ॥੫॥
12327	274	ਜਿਸ ਕੈ ਮਨਿ ਪਾਰਬ੍ਰਹਮ ਕਾ ਨਿਵਾਸੁ॥		Jis Kai Man Paarabreham Kaa Nivaas ||	One whose mind is a home for the Supreme Lord God	ਜਿਸ ਦੇ ਮਨ ਵਿਚ ਅਕਾਲ ਪੁਰਖ ਵੱਸਦਾ ਹੈ,
12328	275	ਤਿਸ ਕਾ ਨਾਮੁ ਸਤਿ ਰਾਮ ਦਾਸੁ॥	ਰਾਮ ਜੀ ਦੇ ਦਾਸੁ	This Kaa Naam Sath Raamadhaas ||	- his name is truly Ram Das, the Lord's servant.	ਉਸ ਮਨੁੱਖ ਦਾ ਨਾਮ ਅਸਲੀ (ਅਰਥਾਂ ਵਿਚ) 'ਰਾਮਦਾਸੁ' (ਪ੍ਰਭੂ ਦਾ ਸੇਵਕ) ਹੈ;
12329	275	ਆਤਮ ਰਾਮੁ ਤਿਸੁ ਨਦਰੀ ਆਇਆ॥		Aatham Raam This Nadharee Aaeiaa ||	He comes to have the Vision of the Lord, the Supreme Soul.	ਉਸ ਨੂੰ ਸਰਬ-ਵਿਆਪੀ ਪ੍ਰਭੂ ਦਿੱਸ ਪੈਂਦਾ ਹੈ,
12330	275	ਦਾਸ ਦਸੰਤਣ ਭਾਇ ਤਿਨਿ ਪਾਇਆ॥		Dhaas Dhasanthan Bhaae Thin Paaeiaa ||	Deeming himself to be the slave of the Lord's slaves, he obtains it.	ਦਾਸਾਂ ਦਾ ਦਾਸ ਹੋਣ ਦੇ ਸੁਭਾਉ ਨਾਲ ਉਸ ਨੇ ਪ੍ਰਭੂ ਨੂੰ ਲੱਭਾ ਹੈ।
12331	275	ਸਦਾ ਨਿਕਟਿ ਨਿਕਟਿ ਹਰਿ ਜਾਨੁ॥		Sadhaa Nikatt Nikatt Har Jaan ||	He knows the Lord to be Ever-present, close at hand.	ਜੋ (ਮਨੁੱਖ) ਸਦਾ ਪ੍ਰਭੂ ਨੂੰ ਨੇੜੇ ਜਾਣਦਾ ਹੈ,

12332	275	ਸੋ ਦਾਸੁ ਦਰਗਹ ਪਰਵਾਨੁ॥		So Dhaas Dharageh Paravaan ||	Such a servant is honored in the Court of the Lord.	ਉਹ ਸੇਵਕ ਦਰਗਾਹ ਵਿਚ ਕਬੂਲ ਹੁੰਦਾ ਹੈ।
12333	275	ਅਪੁਨੇ ਦਾਸ ਕਉ ਆਪਿ ਕਿਰਪਾ ਕਰੈ॥		Apunae Dhaas Ko Aap Kirapaa Karai ||	To His servant, He Himself shows His Mercy.	ਪ੍ਰਭੂ ਉਸ ਸੇਵਕ ਉਤੇ ਆਪ ਮੇਹਰ ਕਰਦਾ ਹੈ,
12334	275	ਤਿਸੁ ਦਾਸ ਕਉ ਸਭ ਸੋਝੀ ਪਰੈ॥		This Dhaas Ko Sabh Sojhee Parai ||	Such a servant understands everything.	ਤੇ ਉਸ ਸੇਵਕ ਨੂੰ ਸਾਰੀ ਸਮਝ ਆ ਜਾਂਦੀ ਹੈ।
12335	275	ਸਗਲ ਸੰਗਿ ਆਤਮ ਉਦਾਸੁ॥		Sagal Sang Aatham Oudhaas ||	Amidst all, his soul is unattached.	ਸਾਰੇ ਪਰਵਾਰ ਵਿਚ (ਰਹਿੰਦਾ ਹੋਇਆ ਭੀ) ਉਹ ਅੰਦਰੋਂ ਨਿਰਮੋਹ ਹੁੰਦਾ ਹੈ;
12336	275	ਐਸੀ ਜੁਗਤਿ ਨਾਨਕ ਰਾਮ ਦਾਸੁ॥੬॥		Aisee Jugath Naanak Raamadhaas ||6||	Such is the way, O Nanak, of the Lord's servant. ||6||	ਹੇ ਨਾਨਕ! ਇਹੋ ਜਿਹੀ (ਜੀਵਨ-) ਜੁਗਤੀ ਨਾਲ ਉਹ (ਅਸਲੀ) "ਰਾਮਦਾਸ" (ਰਾਮ ਦਾ ਦਾਸ ਬਣ ਜਾਂਦਾ ਹੈ) ॥੬॥
12337	275	ਪ੍ਰਭ ਕੀ ਆਗਿਆ ਆਤਮ ਹਿਤਾਵੈ॥		Prabh Kee Aagiaa Aatham Hithaavai ||	One who, in his soul, loves the Will of God,	ਜੋ ਮਨੁੱਖ ਪ੍ਰਭੂ ਦੀ ਰਜ਼ਾ ਨੂੰ ਮਨ ਵਿਚ ਮਿੱਠੀ ਕਰ ਕੇ ਮੰਨਦਾ ਹੈ,
12338	275	ਜੀਵਨ ਮੁਕਤਿ ਸੋਊ ਕਹਾਵੈ॥		Jeevan Mukath Sooo Kehaavai ||	Is said to be Jivan Mukta - liberated while yet alive.	ਉਹੀ ਜੀਉਂਦਾ ਮੁਕਤ ਅਖਵਾਉਂਦਾ ਹੈ;
12339	275	ਤੈਸਾ ਹਰਖੁ ਤੈਸਾ ਉਸੁ ਸੋਗੁ॥		Thaisaa Harakh Thaisaa Ous Sog ||	As is joy, so is sorrow to him.	ਉਸ ਨੂੰ ਖ਼ੁਸ਼ੀ ਤੇ ਗ਼ਮੀ ਇਕੋ ਜਿਹੀ ਹੈ,

12340	275	ਸਦਾ ਅਨੰਦੁ ਤਹ ਨਹੀ ਬਿਓਗੁ॥		Sadhaa Anandh Theh Nehee Bioug ||	He is in eternal bliss, and is not separated from God.	ਉਸ ਨੂੰ ਸਦਾ ਆਨੰਦ ਹੈ (ਕਿਉਂਕਿ) ਓਥੇ (ਭਾਵ, ਉਸ ਦੇ ਹਿਰਦੇ ਵਿਚ ਪ੍ਰਭੂ-ਚਰਨਾਂ ਤੋਂ) ਵਿਛੋੜਾ ਨਹੀਂ ਹੈ।
12341	275	ਤੈਸਾ ਸੁਵਰਨੁ ਤੈਸੀ ਉਸੁ ਮਾਟੀ॥	ਸੁ-ਵਰਨੁ	Thaisaa Suvaran Thaisee Ous Maattee ||	As is gold, so is dust to him.	ਸੋਨਾ ਤੇ ਮਿੱਟੀ (ਭੀ ਉਸ ਮਨੁੱਖ ਵਾਸਤੇ) ਬਰਾਬਰ ਹੈ (ਭਾਵ, ਸੋਨਾ ਵੇਖ ਕੇ ਉਹ ਲੋਭ ਵਿਚ ਨਹੀਂ ਫਸਦਾ),
12342	275	ਤੈਸਾ ਅੰਮ੍ਰਿਤੁ ਤੈਸੀ ਬਿਖੁ ਖਾਟੀ॥		Thaisaa Anmrith Thaisee Bikh Khaattee ||	As is ambrosial nectar, so is bitter poison to him.	ਅੰਮ੍ਰਿਤ ਤੇ ਕਉੜੀ ਵਿਹੁ ਭੀ ਉਸ ਲਈ ਇਕ ਜੈਸੀ ਹੈ।
12343	275	ਤੈਸਾ ਮਾਨੁ ਤੈਸਾ ਅਭਿਮਾਨੁ॥		Thaisaa Maan Thaisaa Abhimaan ||	As is honor, so is dishonor.	(ਕਿਸੇ ਵਲੋਂ) ਆਦਰ (ਦਾ ਵਰਤਾਉ ਹੋਵੇ) ਜਾਂ ਅਹੰਕਾਰ (ਦਾ) (ਉਸ ਮਨੁੱਖ ਵਾਸਤੇ) ਇਕ ਸਮਾਨ ਹੈ,
12344	275	ਤੈਸਾ ਰੰਕੁ ਤੈਸਾ ਰਾਜਾਨੁ॥		Thaisaa Rank Thaisaa Raajaan ||	As is the beggar, so is the king.	ਕੰਗਾਲ ਤੇ ਸ਼ਹਨਸ਼ਾਹ ਭੀ ਉਸ ਦੀ ਨਜ਼ਰ ਵਿਚ ਬਰਾਬਰ ਹੈ।
12345	275	ਜੋ ਵਰਤਾਏ ਸਾਈ ਜੁਗਤਿ॥	ਸਾਂਈਂ	Jo Varathaaeae Saaee Jugath ||	Whatever God ordains, that is his way.	ਜੋ (ਰਜ਼ਾ ਪ੍ਰਭੂ) ਵਰਤਾਉਂਦਾ ਹੈ, ਉਹੀ (ਉਸ ਵਾਸਤੇ) ਜ਼ਿੰਦਗੀ ਦਾ ਗਾਡੀ-ਰਾਹ ਹੈ;
12346	275	ਨਾਨਕ ਓਹੁ ਪੁਰਖੁ ਕਹੀਐ ਜੀਵਨ ਮੁਕਤਿ॥੭॥		Naanak Ouhu Purakh Keheeai Jeevan Mukath ||7||	O Nanak, that being is known as Jivan Mukta. ||7||	ਹੇ ਨਾਨਕ! ਉਹ ਮਨੁੱਖ ਜੀਉਂਦਾ ਮੁਕਤ ਕਿਹਾ ਜਾ ਸਕਦਾ ਹੈ ॥੭॥
12347	275	ਪਾਰਬ੍ਰਹਮ ਕੇ ਸਗਲੇ ਠਾਉ॥		Paarabreham Kae Sagalae Thaao ||	All places belong to the Supreme Lord God.	ਸਾਰੇ ਥਾਂ (ਸਰੀਰ-ਰੂਪ ਘਰ) ਅਕਾਲ ਪੁਰਖ ਦੇ ਹੀ ਹਨ,

12348	275	ਜਿਤੁ ਜਿਤੁ ਘਰਿ ਰਾਖੈ ਤੈਸਾ ਤਿਨ ਨਾਉ॥		Jith Jith Ghar Raakhai Thaisaa Thin Naao ||	According to the homes in which they are placed, so are His creatures named.	ਜਿਸ ਜਿਸ ਥਾਂ ਜੀਵਾਂ ਨੂੰ ਰੱਖਦਾ ਹੈ, ਉਹੋ ਜਿਹਾ ਉਹਨਾਂ ਦਾ ਨਾਉਂ (ਪੈ ਜਾਂਦਾ ਹੈ)।
12349	275	ਆਪੇ ਕਰਨ ਕਰਾਵਨ ਜੋਗੁ॥		Aapae Karan Karaavan Jog ||	He Himself is the Doer, the Cause of causes.	ਪ੍ਰਭੂ ਆਪ ਹੀ (ਸਭ ਕੁਝ) ਕਰਨ ਦੀ (ਤੇ ਜੀਵਾਂ ਪਾਸੋਂ) ਕਰਾਉਣ ਦੀ ਤਾਕਤ ਰੱਖਦਾ ਹੈ,
12350	275	ਪ੍ਰਭ ਭਾਵੈ ਸੋਈ ਫੁਨਿ ਹੋਗੁ॥		Prabh Bhaavai Soee Fun Hog ||	Whatever pleases God, ultimately comes to pass.	ਜੋ ਪ੍ਰਭੂ ਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ।
12351	275	ਪਸਰਿਓ ਆਪਿ ਹੋਇ ਅਨਤ ਤਰੰਗ॥		Pasariou Aap Hoe Anath Tharang ||	He Himself is All-pervading, in endless waves.	(ਜ਼ਿੰਦਗੀ ਦੀਆਂ) ਬੇਅੰਤ ਲਹਿਰਾਂ ਬਣ ਕੇ (ਅਕਾਲ ਪੁਰਖ) ਆਪ ਸਭ ਥਾਈਂ ਮੌਜੂਦ ਹੈ,
12352	275	ਲਖੇ ਨ ਜਾਹਿ ਪਾਰਬ੍ਰਹਮ ਕੇ ਰੰਗ॥	ਲਖੇ: ਪੋਲਾ ਬੋਲੋ	Lakhae N Jaahi Paarabreham Kae Rang ||	The playful sport of the Supreme Lord God cannot be known.	ਅਕਾਲ ਪੁਰਖ ਦੇ ਖੇਲ ਬਿਆਨ ਨਹੀਂ ਕੀਤੇ ਜਾ ਸਕਦੇ।
12353	275	ਜੈਸੀ ਮਤਿ ਦੇਇ ਤੈਸਾ ਪਰਗਾਸ॥		Jaisee Math Dhaee Thaisaa Paragaas ||	As the understanding is given, so is one enlightened.	ਜਿਹੋ ਜਿਹੀ ਅਕਲ ਦੇਂਦਾ ਹੈ, ਉਹੋ ਜਿਹਾ ਜ਼ਹੂਰ (ਜੀਵ ਦੇ ਅੰਦਰ) ਹੁੰਦਾ ਹੈ;
12354	275	ਪਾਰਬ੍ਰਹਮੁ ਕਰਤਾ ਅਬਿਨਾਸ॥		Paarabreham Karathaa Abinaas ||	The Supreme Lord God, the Creator, is eternal and everlasting.	ਅਕਾਲ ਪੁਰਖ (ਆਪ ਸਭ ਕੁਝ) ਕਰਨ ਵਾਲਾ ਹੈ ਤੇ ਕਦੇ ਮਰਦਾ ਨਹੀਂ।

12355	275	ਸਦਾ ਸਦਾ ਸਦਾ ਦਇਆਲ॥	ਦ-ਇਆਲ	Sadhaa Sadhaa Sadhaa Dhaeiaal ||	Forever, forever and ever, He is merciful.	ਪ੍ਰਭੂ ਸਦਾ ਮੇਹਰ ਕਰਨ ਵਾਲਾ ਹੈ,
12356	275	ਸਿਮਰਿ ਸਿਮਰਿ ਨਾਨਕ ਭਏ ਨਿਹਾਲ॥੮॥੯॥		Simar Simar Naanak Bheae Nihaal ||8||9||	Remembering Him, remembering Him in meditation, O Nanak, one is blessed with ecstasy. ||8||9||	ਹੇ ਨਾਨਕ! (ਜੀਵ ਉਸ ਨੂੰ) ਸਦਾ ਸਿਮਰ ਕੇ (ਫੁੱਲ ਵਾਂਗ) ਖਿੜੇ ਰਹਿੰਦੇ ਹਨ ॥੮॥੯॥
12357	275	ਸਲੋਕੁ॥		Salok ||	Shalok:	
12358	275	ਉਸਤਤਿ ਕਰਹਿ ਅਨੇਕ ਜਨ ਅੰਤੁ ਨ ਪਾਰਾਵਾਰ॥		Ousathath Karehi Anaek Jan Anth N Paaraavaar ||	Many people praise the Lord. He has no end or limitation.	ਅਨੇਕਾਂ ਬੰਦੇ ਪ੍ਰਭੂ ਦੇ ਗੁਣਾਂ ਦਾ ਜ਼ਿਕਰ ਕਰਦੇ ਹਨ, ਪਰ ਉਹਨਾਂ ਗੁਣਾਂ ਦਾ ਹੱਦ-ਬੰਨਾ ਨਹੀਂ ਲੱਭਦਾ।
12359	275	ਨਾਨਕ ਰਚਨਾ ਪ੍ਰਭਿ ਰਚੀ ਬਹੁ ਬਿਧਿ ਅਨਿਕ ਪ੍ਰਕਾਰ॥੧॥	ਬਿਧਿ: ਪੋਲਾ ਬੋਲੋ	Naanak Rachanaa Prabh Rachee Bahu Bidhh Anik Prakaar ||1||	O Nanak, God created the creation, with its many ways and various species. ||1||	ਹੇ ਨਾਨਕ! (ਇਹੀ ਸਾਰੀ) ਸ੍ਰਿਸ਼ਟੀ (ਉਸ) ਪ੍ਰਭੂ ਨੇ ਕਈ ਕਿਸਮਾਂ ਦੀ ਕਈ ਤਰੀਕਿਆਂ ਨਾਲ ਬਣਾਈ ਹੈ ॥੧॥
12360	275	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	
12361	275	ਕਈ ਕੋਟਿ ਹੋਏ ਪੂਜਾਰੀ॥		Kee Kott Hoeae Poojaaree ||	Many millions are His devotees.	(ਪ੍ਰਭੂ ਦੀ ਇਸ ਰਚੀ ਹੋਈ ਦੁਨੀਆ ਵਿਚ) ਕਈ ਕਰੋੜਾਂ ਪ੍ਰਾਣੀ ਪੁਜਾਰੀ ਹਨ,

12362	275	ਕਈ ਕੋਟਿ ਆਚਾਰ ਬਿਉਹਾਰੀ॥		Kee Kott Aachaar Biouhaaree ||	Many millions perform religious rituals and worldly duties.	ਅਤੇ ਕਈ ਕਰੋੜਾਂ ਧਾਰਮਿਕ ਰੀਤਾਂ ਰਸਮਾਂ ਕਰਨ ਵਾਲੇ ਹਨ;
12363	275	ਕਈ ਕੋਟਿ ਭਏ ਤੀਰਥ ਵਾਸੀ॥		Kee Kott Bheae Theerathh Vaasee ||	Many millions become dwellers at sacred shrines of pilgrimage.	ਕਈ ਕਰੋੜਾਂ (ਬੰਦੇ) ਤੀਰਥਾਂ ਦੇ ਵਸਨੀਕ ਹਨ,
12364	275	ਕਈ ਕੋਟਿ ਬਨ ਭ੍ਰਮਹਿ ਉਦਾਸੀ॥		Kee Kott Ban Bhramehi Oudhaasee ||	Many millions wander as renunciates in the wilderness.	ਅਤੇ ਕਈ ਕਰੋੜਾਂ (ਜਗਤ ਵਲੋਂ) ਉਪਰਾਮ ਹੋ ਕੇ ਜੰਗਲਾਂ ਵਿਚ ਫਿਰਦੇ ਹਨ;
12365	275	ਕਈ ਕੋਟਿ ਬੇਦ ਕੇ ਸ੍ਰੋਤੇ॥		Kee Kott Baedh Kae Srothae ||	Many millions listen to the Vedas.	ਕਈ ਕਰੋੜਾਂ ਜੀਵ ਵੇਦਾਂ ਦੇ ਸੁਣਨ ਵਾਲੇ ਹਨ,
12366	275	ਕਈ ਕੋਟਿ ਤਪੀਸੁਰ ਹੋਤੇ॥		Kee Kott Thapeesur Hothae ||	Many millions become austere penitents.	ਅਤੇ ਕਈ ਕਰੋੜਾਂ ਵੱਡੇ ਵੱਡੇ ਤਪੀਏ ਬਣੇ ਹੋਏ ਹਨ;
12367	275	ਕਈ ਕੋਟਿ ਆਤਮ ਧਿਆਨੁ ਧਾਰਹਿ॥	ਧਾਰ-ਹਿ	Kee Kott Aatham Dhhiaan Dhhaarehi ||	Many millions enshrine meditation within their souls.	ਕਈ ਕਰੋੜਾਂ (ਮਨੁੱਖ) ਆਪਣੇ ਅੰਦਰ ਸੁਰਤ ਜੋੜ ਰਹੇ ਹਨ,
12368	275	ਕਈ ਕੋਟਿ ਕਬਿ ਕਾਬਿ ਬੀਚਾਰਹਿ॥	ਬੀਚਾਰਹਿ	Kee Kott Kab Kaab Beechaarehi ||	Many millions of poets contemplate Him through poetry.	ਅਤੇ ਕਈ ਕਰੋੜਾਂ (ਮਨੁੱਖ) ਕਵੀਆਂ ਦੀਆਂ ਰਚੀਆਂ ਕਵਿਤਾ ਵਿਚਾਰਦੇ ਹਨ;

12369	275	ਕਈ ਕੋਟਿ ਨਵਤਨ ਨਾਮ ਧਿਆਵਹਿ॥	ਧਿਆਵ-ਹਿ	Kee Kott Navathan Naam Dhhiaavehi ||	Many millions meditate on His eternally new Naam.	ਕਈ ਕਰੋੜਾਂ ਬੰਦੇ (ਪ੍ਰਭੂ ਦਾ) ਨਿੱਤ ਨਵਾਂ ਨਾਮ ਸਿਮਰਦੇ ਹਨ,
12370	275	ਨਾਨਕ ਕਰਤੇ ਕਾ ਅੰਤੁ ਨ ਪਾਵਹਿ॥੧॥	ਪਾਵ-ਹਿ	Naanak Karathae Kaa Anth N Paavehi ||1||	O Nanak, none can find the limits of the Creator. ||1||	(ਪਰ) ਹੇ ਨਾਨਕ! ਉਸ ਕਰਤਾਰ ਦਾ ਕੋਈ ਭੀ ਅੰਤ ਨਹੀਂ ਪਾ ਸਕਦੇ ॥੧॥
12371	275	ਕਈ ਕੋਟਿ ਭਏ ਅਭਿਮਾਨੀ ॥		Kee Kott Bheae Abhimaanee ||	Many millions become self-centered.	(ਇਸ ਜਗਤ-ਰਚਨਾ ਵਿਚ) ਕਰੋੜਾਂ ਅਹੰਕਾਰੀ ਜੀਵ ਹਨ,
12372	275	ਕਈ ਕੋਟਿ ਅੰਧ ਅਗਿਆਨੀ॥		Kee Kott Andhh Agiaanee ||	Many millions are blinded by ignorance.	ਅਤੇ ਕਰੋੜਾਂ ਹੀ ਬੰਦੇ ਪੁੱਜ ਕੇ ਜਾਹਿਲ ਹਨ;
12373	275	ਕਈ ਕੋਟਿ ਕਿਰਪਨ ਕਠੋਰ॥		Kee Kott Kirapan Kathor ||	Many millions are stone-hearted misers.	ਕਰੋੜਾਂ (ਮਨੁੱਖ) ਸ਼ੂਮ ਤੇ ਪੱਥਰ-ਦਿਲ ਹਨ,
12374	275	ਕਈ ਕੋਟਿ ਅਭਿਗ ਆਤਮ ਨਿਕੋਰ॥	ਅਭਿੱਗ	Kee Kott Abhig Aatham Nikor ||	Many millions are heartless, with dry, withered souls.	ਅਤੇ ਕਈ ਕਰੋੜ ਅੰਦਰੋਂ ਮਹਾ ਕੋਰੇ ਹਨ ਜੋ (ਕਿਸੇ ਦਾ ਦੁੱਖ ਤੱਕ ਕੇ ਭੀ ਕਦੇ) ਪਸੀਜਦੇ ਨਹੀਂ;
12375	275	ਕਈ ਕੋਟਿ ਪਰ ਦਰਬ ਕਉ ਹਿਰਹਿ॥	ਹਿਰ-ਹਿ	Kee Kott Par Dharab Ko Hirehi ||	Many millions steal the wealth of others.	ਕਰੋੜਾਂ ਬੰਦੇ ਦੂਜਿਆਂ ਦਾ ਧਨ ਚੁਰਾਉਂਦੇ ਹਨ,

12376	275	ਕਈ ਕੋਟਿ ਪਰ ਦੂਖਨਾ ਕਰਹਿ॥	ਕਰ-ਹਿ	Kee Kott Par Dhookhanaa Karehi ||	Many millions slander others.	ਅਤੇ ਕਰੋੜਾਂ ਹੀ ਦੂਜਿਆਂ ਦੀ ਨਿੰਦਿਆ ਕਰਦੇ ਹਨ;
12377	275	ਕਈ ਕੋਟਿ ਮਾਇਆ ਸ੍ਰਮ ਮਾਹਿ॥		Kee Kott Maaeiaa Sram Maahi ||	Many millions struggle in Maya.	ਕਰੋੜਾਂ (ਮਨੁੱਖ) ਧਨ ਪਦਾਰਥ ਦੀ (ਖ਼ਾਤਰ) ਮੇਹਨਤ ਵਿਚ ਜੁੱਟੇ ਹੋਏ ਹਨ,
12378	275	ਕਈ ਕੋਟਿ ਪਰਦੇਸ ਭ੍ਰਮਾਹਿ॥		Kee Kott Paradhaes Bhramaahi ||	Many millions wander in foreign lands.	ਅਤੇ ਕਈ ਕਰੋੜ ਦੂਜੇ ਦੇਸ਼ਾਂ ਵਿਚ ਭਟਕ ਰਹੇ ਹਨ;
12379	275	ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਨਾ॥		Jith Jith Laavahu Thith Thith Laganaa ||	Whatever God attaches them to - with that they are engaged.	(ਹੇ ਪ੍ਰਭੂ!) ਜਿਸ ਜਿਸ ਆਹਰੇ ਤੂੰ ਲਾਉਂਦਾ ਹੈਂ ਉਸ ਉਸ ਆਹਰ ਵਿਚ ਜੀਵ ਲੱਗੇ ਹੋਏ ਹਨ।
12380	275	ਨਾਨਕ ਕਰਤੇ ਕੀ ਜਾਨੈ ਕਰਤਾ ਰਚਨਾ॥੨॥		Naanak Karathae Kee Jaanai Karathaa Rachanaa ||2||	O Nanak, the Creator alone knows the workings of His creation. ||2||	ਹੇ ਨਾਨਕ! ਕਰਤਾਰ ਦੀ ਰਚਨਾ (ਦਾ ਭੇਤ) ਕਰਤਾਰ ਹੀ ਜਾਣਦਾ ਹੈ ॥੨॥
12381	275	ਕਈ ਕੋਟਿ ਸਿਧ ਜਤੀ ਜੋਗੀ॥	ਸਿੱਧ	Kee Kott Sidhh Jathee Jogee ||	Many millions are Siddhas, celibates and Yogis.	(ਇਸ ਸ੍ਰਿਸ਼ਟਿ-ਰਚਨਾ ਵਿਚ) ਕਰੋੜਾਂ ਪੁੱਗੇ ਹੋਏ, ਤੇ ਕਾਮ ਨੂੰ ਵੱਸ ਵਿਚ ਰੱਖਣ ਵਾਲੇ ਜੋਗੀ ਹਨ,
12382	275	ਕਈ ਕੋਟਿ ਰਾਜੇ ਰਸ ਭੋਗੀ॥		Kee Kott Raajae Ras Bhogee ||	Many millions are kings, enjoying worldly pleasures.	ਅਤੇ ਕਰੋੜਾਂ ਹੀ ਮੌਜਾਂ ਮਾਣਨ ਵਾਲੇ ਰਾਜੇ ਹਨ;
12383	275	ਕਈ ਕੋਟਿ ਪੰਖੀ ਸਰਪ ਉਪਾਏ॥		Kee Kott Pankhee Sarap Oupaaeae ||	Many millions of birds and snakes have been created.	ਕਰੋੜਾਂ ਪੰਛੀ ਤੇ ਸੱਪ (ਪ੍ਰਭੂ ਨੇ) ਪੈਦਾ ਕੀਤੇ ਹਨ,

12384	275	ਕਈ ਕੋਟਿ ਪਾਥਰ ਬਿਰਖ ਨਿਪਜਾਏ॥		Kee Kott Paathhar Birakh Nipajaaeae ||	Many millions of stones and trees have been produced.	ਅਤੇ ਕਰੋੜਾਂ ਹੀ ਪੱਥਰ ਤੇ ਰੁੱਖ ਉਗਾਏ ਹਨ;
12385	275	ਕਈ ਕੋਟਿ ਪਵਣ ਪਾਣੀ ਬੈਸੰਤਰ॥		Kee Kott Pavan Paanee Baisanthar ||	Many millions are the winds, waters and fires.	ਕਰੋੜਾਂ ਹਵਾ ਪਾਣੀ ਤੇ ਅੱਗਾਂ ਹਨ,
12386	275	ਕਈ ਕੋਟਿ ਦੇਸ ਭੂ ਮੰਡਲ॥		Kee Kott Dhaes Bhoo Manddal ||	Many millions are the countries and realms of the world.	ਕਰੋੜਾਂ ਦੇਸ ਤੇ ਧਰਤੀਆਂ ਦੇ ਚੱਕ੍ਰ ਹਨ;
12387	275	ਕਈ ਕੋਟਿ ਸਸੀਅਰ ਸੂਰ ਨਖ੍ਯਤ੍ਰ॥	ਨ-ਖਿਅੱਤ੍ਰ: ਨੰਨਾ ਮੁਕਤਾ ਬੋਲੋ	Kee Kott Saseear Soor Nakhyathr ||	Many millions are the moons, suns and stars.	ਕਈ ਕਰੋੜਾਂ ਚੰਦ੍ਰਮਾਂ, ਸੂਰਜ ਤੇ ਤਾਰੇ ਹਨ,
12388	276	ਕਈ ਕੋਟਿ ਦੇਵ ਦਾਨਵ ਇੰਦ੍ਰ ਸਿਰਿ ਛਤ੍ਰ॥	ਛ੍ਰਤ: ਪੋਲਾ ਬੋਲੋ	Kee Kott Dhaev Dhaanav Eindhr Sir Shhathr ||	Many millions are the demi-gods, demons and Indras, under their regal canopies.	ਕਰੋੜਾਂ ਦੇਵਤੇ ਤੇ ਇੰਦ੍ਰ ਹਨ ਜਿਨ੍ਹਾਂ ਦੇ ਸਿਰ ਉਤੇ ਛਤ੍ਰ ਹਨ;
12389	276	ਸਗਲ ਸਮਗ੍ਰੀ ਅਪਨੈ ਸੂਤਿ ਧਾਰੈ॥	ਸਮੱਗ੍ਰੀ	Sagal Samagree Apanai Sooth Dhaarai ||	He has strung the entire creation upon His thread.	(ਇਹਨਾਂ) ਸਾਰੇ (ਜੀਅ ਜੰਤਾਂ ਤੇ) ਪਦਾਰਥਾਂ ਨੂੰ (ਪ੍ਰਭੂ ਨੇ) ਆਪਣੇ (ਹੁਕਮ ਦੇ) ਧਾਗੇ ਵਿਚ ਪਰੋਇਆ ਹੋਇਆ ਹੈ।

12390	276	ਨਾਨਕ ਜਿਸੁ ਜਿਸੁ ਭਾਵੈ ਤਿਸੁ ਤਿਸੁ ਨਿਸਤਾਰੈ॥੩॥		Naanak Jis Jis Bhaavai This This Nisathaarai ||3||	O Nanak, He emancipates those with whom He is pleased. ||3||	ਹੇ ਨਾਨਕ! ਜੋ ਜੋ ਉਸ ਨੂੰ ਭਾਉਂਦਾ ਹੈ, ਉਸ ਉਸ ਨੂੰ (ਪ੍ਰਭੂ) ਤਾਰ ਲੈਂਦਾ ਹੈ ॥੩॥
12391	276	ਕਈ ਕੋਟਿ ਰਾਜਸ ਤਾਮਸ ਸਾਤਕ॥		Kee Kott Raajas Thaamas Saathak ||	Many millions abide in heated activity, slothful darkness and peaceful light.	ਕਰੋੜਾਂ ਜੀਵ (ਮਾਇਆ ਦੇ ਤਿੰਨ ਗੁਣਾਂ) ਰਜੋ, ਤਮੋ ਤੇ ਸਤੋ ਵਿਚ ਹਨ,
12392	276	ਕਈ ਕੋਟਿ ਬੇਦ ਪੁਰਾਨ ਸਿਮ੍ਰਿਤਿ ਅਰੁ ਸਾਸਤ॥	ਸਿਮ੍ਰਿਤਿ	Kee Kott Baedh Puraan Simrith Ar Saasath ||	Many millions are the Vedas, Puraanas, Simritees and Shaastras.	ਕਰੋੜਾਂ (ਬੰਦੇ) ਵੇਦ ਪੁਰਾਨ ਸਿਮ੍ਰਿਤੀਆਂ ਤੇ ਸ਼ਾਸਤ੍ਰਾਂ (ਦੇ ਪੜ੍ਹਨ ਵਾਲੇ) ਹਨ;
12393	276	ਕਈ ਕੋਟਿ ਕੀਏ ਰਤਨ ਸਮੁਦ॥		Kee Kott Keeeae Rathan Samudh ||	Many millions are the pearls of the oceans.	ਸਮੁੰਦਰ ਵਿਚ ਕਰੋੜਾਂ ਰਤਨ ਪੈਦਾ ਕਰ ਦਿੱਤੇ ਹਨ,
12394	276	ਕਈ ਕੋਟਿ ਨਾਨਾ ਪ੍ਰਕਾਰ ਜੰਤ॥	ਨਾਨ੍ਹਾ	Kee Kott Naanaa Prakaar Janth ||	Many millions are the beings of so many descriptions.	ਅਤੇ ਕਈ ਕਿਸਮਾਂ ਦੇ ਜੀਅ ਜੰਤ ਬਣਾ ਦਿੱਤੇ ਹਨ;
12395	276	ਕਈ ਕੋਟਿ ਕੀਏ ਚਿਰ ਜੀਵੇ॥		Kee Kott Keeeae Chir Jeevae ||	Many millions are made long-lived.	ਕਰੋੜਾਂ ਜੀਵ ਲੰਮੀਆਂ ਉਮਰਾਂ ਵਾਲੇ ਪੈਦਾ ਕੀਤੇ ਹਨ,
12396	276	ਕਈ ਕੋਟਿ ਗਿਰੀ ਮੇਰ ਸੁਵਰਨ ਥੀਵੇ॥	ਸੁ-ਵਰਨ	Kee Kott Giree Maer Suvaran Thheevae ||	Many millions of hills and mountains have been made of gold.	ਕਰੋੜਾਂ ਹੀ ਸੋਨੇ ਦੇ ਸੁਮੇਰ ਪਰਬਤ ਬਣ ਗਏ ਹਨ;

12397	276	ਕਈ ਕੋਟਿ ਜਖ੍ਯ ਕਿੰਨਰ ਪਿਸਾਚ॥	ਜੱਖਿਅ	Kee Kott Jakhy Kinnar Pisaach ||	Many millions are the Yakhshas - the servants of the god of wealth, the Kinnars - the gods of celestial music, and the evil spirits of the Pisaach.	ਕਰੋੜਾਂ ਹੀ ਜੱਖ ਕਿੰਨਰ ਤੇ ਪਿਸ਼ਾਚ ਹਨ,
12398	276	ਕਈ ਕੋਟਿ ਭੂਤ ਪ੍ਰੇਤ ਸੂਕਰ ਮ੍ਰਿਗਾਚ॥		Kee Kott Bhooth Praeth Sookar Mrigaach ||	Many millions are the evil nature-spirits, ghosts, pigs and tigers.	ਅਤੇ ਕਰੋੜਾਂ ਹੀ ਭੂਤ ਪ੍ਰੇਤ ਸੂਰ ਤੇ ਸ਼ੇਰ ਹਨ;
12399	276	ਸਭ ਤੇ ਨੇਰੈ ਸਭਹੂ ਤੇ ਦੂਰਿ॥		Sabh Thae Naerai Sabhehoo Thae Dhoor ||	He is near to all, and yet far from all;	(ਪ੍ਰਭੂ) ਇਹਨਾਂ ਸਭਨਾਂ ਦੇ ਨੇੜੇ ਭੀ ਹੈ ਤੇ ਦੂਰ ਭੀ।
12400	276	ਨਾਨਕ ਆਪਿ ਅਲਿਪਤੁ ਰਹਿਆ ਭਰਪੂਰਿ॥੪॥	ਅ-ਲਿਪਤੁ	Naanak Aap Alipath Rehiaa Bharapoor ||4||	O Nanak, He Himself remains distinct, while yet pervading all. ||4||	ਹੇ ਨਾਨਕ! ਪ੍ਰਭੂ ਸਭ ਥਾਈਂ ਵਿਆਪਕ ਭੀ ਹੈ ਤੇ ਹੈ ਭੀ ਨਿਰਲੇਪ ॥੪॥
12401	276	ਕਈ ਕੋਟਿ ਪਾਤਾਲ ਕੇ ਵਾਸੀ॥		Kee Kott Paathaal Kae Vaasee ||	Many millions inhabit the nether regions.	ਕਰੋੜਾਂ ਜੀਵ ਪਾਤਾਲ ਵਿਚ ਵੱਸਣ ਵਾਲੇ ਹਨ,
12402	276	ਕਈ ਕੋਟਿ ਨਰਕ ਸੁਰਗ ਨਿਵਾਸੀ॥		Kee Kott Narak Surag Nivaasee ||	Many millions dwell in heaven and hell.	ਅਤੇ ਕਰੋੜਾਂ ਹੀ ਨਰਕਾਂ ਤੇ ਸੁਰਗਾਂ ਵਿਚ ਵੱਸਦੇ ਹਨ (ਭਾਵ, ਦੁਖੀ ਤੇ ਸੁਖੀ ਹਨ);

12403	276	ਕਈ ਕੋਟਿ ਜਨਮਹਿ ਜੀਵਹਿ ਮਰਹਿ॥	ਜਨਮ-ਹਿ, ਜੀਵ-ਹਿ, ਮਰ-ਹਿ	Kee Kott Janamehi Jeevehi Marehi ||	Many millions are born, live and die.	ਕਰੋੜਾਂ ਜੀਵ ਜੰਮਦੇ ਹਨ, ਜਿਉਂਦੇ ਹਨ ਅਤੇ ਮਰਦੇ ਹਨ,
12404	276	ਕਈ ਕੋਟਿ ਬਹੁ ਜੋਨੀ ਫਿਰਹਿ॥	ਫਿਰਹਿ	Kee Kott Bahu Jonee Firehi ||	Many millions are reincarnated, over and over again.	ਅਤੇ ਕਰੋੜਾਂ ਜੀਵ ਕਈ ਜੂਨਾਂ ਵਿਚ ਭਟਕ ਰਹੇ ਹਨ;
12405	276	ਕਈ ਕੋਟਿ ਬੈਠਤ ਹੀ ਖਾਹਿ॥		Kee Kott Baithath Hee Khaahi ||	Many millions eat while sitting at ease.	ਕਰੋੜਾਂ ਜੀਵ ਬੈਠੇ ਹੀ ਖਾਂਦੇ ਹਨ,
12406	276	ਕਈ ਕੋਟਿ ਘਾਲਹਿ ਥਕਿ ਪਾਹਿ॥	ਘਾਲ-ਹਿ	Kee Kott Ghaalehi Thhak Paahi ||	Many millions are exhausted by their labors.	ਅਤੇ ਕਰੋੜਾਂ (ਐਸੇ ਹਨ ਜੋ ਰੋਟੀ ਦੀ ਖ਼ਾਤਰ) ਮੇਹਨਤ ਕਰਦੇ ਹਨ ਤੇ ਥੱਕ ਟੁੱਟ ਜਾਂਦੇ ਹਨ;
12407	276	ਕਈ ਕੋਟਿ ਕੀਏ ਧਨਵੰਤ॥		Kee Kott Keeeae Dhhanavanth ||	Many millions are created wealthy.	ਕਰੋੜਾਂ ਜੀਵ (ਪ੍ਰਭੂ ਨੇ) ਧਨ ਵਾਲੇ ਬਣਾਏ ਹਨ,
12408	276	ਕਈ ਕੋਟਿ ਮਾਇਆ ਮਹਿ ਚਿੰਤ॥		Kee Kott Maaeiaa Mehi Chinth ||	Many millions are anxiously involved in Maya.	ਅਤੇ ਕਰੋੜਾਂ (ਐਸੇ ਹਨ ਜਿਨ੍ਹਾਂ ਨੂੰ) ਮਾਇਆ ਦਾ ਫ਼ਿਕਰ ਲੱਗਾ ਹੋਇਆ ਹੈ।
12409	276	ਜਹ ਜਹ ਭਾਣਾ ਤਹ ਤਹ ਰਾਖੇ॥		Jeh Jeh Bhaanaa Theh Theh Raakhae ||	Wherever He wills, there He keeps us.	ਜਿਥੇ ਜਿਥੇ ਚਾਹੁੰਦਾ ਹੈ, ਜੀਵਾਂ ਨੂੰ ਓਥੇ ਓਥੇ ਹੀ ਰੱਖਦਾ ਹੈ।
12410	276	ਨਾਨਕ ਸਭੁ ਕਿਛੁ ਪ੍ਰਭ ਕੈ ਹਾਥੇ॥੫॥		Naanak Sabh Kishh Prabh Kai Haathhae ||5||	O Nanak, everything is in the Hands of God. ||5||	ਹੇ ਨਾਨਕ! ਹਰੇਕ ਗੱਲ ਪ੍ਰਭੂ ਦੇ ਆਪਣੇ ਹੱਥ ਵਿਚ ਹੈ ॥੫॥

12411	276	ਕਈ ਕੋਟਿ ਭਏ ਬੈਰਾਗੀ॥		Kee Kott Bheae Bairaagee ||	Many millions become Bairaagees, who renounce the world.	(ਇਸ ਰਚਨਾ ਵਿਚ) ਕਰੋੜਾਂ ਜੀਵ ਵੈਰਾਗ ਵਾਲੇ ਹੋਏ ਹਨ,
12412	276	ਰਾਮ ਨਾਮ ਸੰਗਿ ਤਿਨਿ ਲਿਵ ਲਾਗੀ॥		Raam Naam Sang Thin Liv Laagee ||	They have attached themselves to the Lord's Name.	ਜਿਨ੍ਹਾਂ ਦੀ ਸੁਰਤ ਅਕਾਲ ਪੁਰਖ ਦੇ ਨਾਮ ਨਾਲ ਲੱਗੀ ਰਹਿੰਦੀ ਹੈ;
12413	276	ਕਈ ਕੋਟਿ ਪ੍ਰਭ ਕਉ ਖੋਜੰਤੇ॥		Kee Kott Prabh Ko Khojanthae ||	Many millions are searching for God.	ਕਰੋੜਾਂ ਬੰਦੇ ਪ੍ਰਭੂ ਨੂੰ ਖੋਜਦੇ ਹਨ,
12414	276	ਆਤਮ ਮਹਿ ਪਾਰਬ੍ਰਹਮੁ ਲਹੰਤੇ॥		Aatham Mehi Paarabreham Lehanthae ||	Within their souls, they find the Supreme Lord God.	ਤੇ ਆਪਣੇ ਅੰਦਰ ਅਕਾਲ ਪੁਰਖ ਨੂੰ ਭਾਲਦੇ ਹਨ;
12415	276	ਕਈ ਕੋਟਿ ਦਰਸਨ ਪ੍ਰਭ ਪਿਆਸ॥		Kee Kott Dharasan Prabh Piaas ||	Many millions thirst for the Blessing of God's Darshan.	ਕਰੋੜਾਂ ਜੀਵਾਂ ਨੂੰ ਪ੍ਰਭੂ ਦੇ ਦੀਦਾਰ ਦੀ ਤਾਂਘ ਲੱਗੀ ਰਹਿੰਦੀ ਹੈ,
12416	276	ਤਿਨ ਕਉ ਮਿਲਿਓ ਪ੍ਰਭੁ ਅਬਿਨਾਸ॥		Thin Ko Miliou Prabh Abinaas ||	They meet with God, the Eternal.	ਉਹਨਾਂ ਨੂੰ ਅਬਿਨਾਸੀ ਪ੍ਰਭੂ ਮਿਲ ਪੈਂਦਾ ਹੈ।
12417	276	ਕਈ ਕੋਟਿ ਮਾਗਹਿ ਸਤਸੰਗੁ॥		Kee Kott Maagehi Sathasang ||	Many millions pray for the Society of the Saints.	ਕਰੋੜਾਂ ਮਨੁੱਖ ਸਤ-ਸੰਗ ਮੰਗਦੇ ਹਨ,
12418	276	ਪਾਰਬ੍ਰਹਮ ਤਿਨ ਲਾਗਾ ਰੰਗੁ॥		Paarabreham Thin Laagaa Rang ||	They are imbued with the Love of the Supreme Lord God.	ਉਹਨਾਂ ਨੂੰ ਅਕਾਲ ਪੁਰਖ ਦਾ ਇਸ਼ਕ ਰਹਿੰਦਾ ਹੈ।

12419	276	ਜਿਨ ਕਉ ਹੋਏ ਆਪਿ ਸੁਪ੍ਰਸੰਨ॥	ਸੁਪ੍ਰਸੰਨ	Jin Ko Hoeae Aap Suprasann ||	Those with whom He Himself is pleased,	ਜਿਨ੍ਹਾਂ ਉਤੇ ਪ੍ਰਭੂ ਆਪ ਤੁੱਠਦਾ ਹੈ,
12420	276	ਨਾਨਕ ਤੇ ਜਨ ਸਦਾ ਧਨਿ ਧੰਨਿ॥੬॥		Naanak Thae Jan Sadhaa Dhhan Dhhann ||6||	O Nanak, are blessed, forever blessed. ||6||	ਹੇ ਨਾਨਕ! ਉਹ ਮਨੁੱਖ ਸਦਾ ਭਾਗਾਂ ਵਾਲੇ ਹਨ ॥੬॥
12421	276	ਕਈ ਕੋਟਿ ਖਾਣੀ ਅਰੁ ਖੰਡ॥		Kee Kott Khaanee Ar Khandd ||	Many millions are the fields of creation and the galaxies.	(ਧਰਤੀ ਦੇ ਨੌ) ਖੰਡਾਂ (ਚਹੁੰਆਂ) ਖਾਣੀਆਂ ਦੀ ਰਾਹੀਂ ਕਰੋੜਾਂ ਹੀ ਜੀਵ ਉਤਪੰਨ ਹੋਏ ਹਨ,
12422	276	ਕਈ ਕੋਟਿ ਅਕਾਸ ਬ੍ਰਹਮੰਡ॥		Kee Kott Akaas Brehamandd ||	Many millions are the etheric skies and the solar systems.	ਸਾਰੇ ਆਕਾਸ਼ਾਂ ਬ੍ਰਹਮੰਡਾਂ ਵਿਚ ਕਰੋੜਾਂ ਹੀ ਜੀਵ ਹਨ;
12423	276	ਕਈ ਕੋਟਿ ਹੋਏ ਅਵਤਾਰ॥		Kee Kott Hoeae Avathaar ||	Many millions are the divine incarnations.	ਕਰੋੜਾਂ ਹੀ ਪ੍ਰਾਣੀ ਪੈਦਾ ਹੋ ਰਹੇ ਹਨ;
12424	276	ਕਈ ਜੁਗਤਿ ਕੀਨੋ ਬਿਸਥਾਰ॥		Kee Jugath Keeno Bisathhaar ||	In so many ways, He has unfolded Himself.	ਕਈ ਤਰੀਕਿਆਂ ਨਾਲ ਪ੍ਰਭੂ ਨੇ ਜਗਤ ਦੀ ਰਚਨਾ ਕੀਤੀ ਹੈ;
12425	276	ਕਈ ਬਾਰ ਪਸਰਿਓ ਪਾਸਾਰ॥		Kee Baar Pasariou Paasaar ||	So many times, He has expanded His expansion.	(ਪ੍ਰਭੂ ਨੇ) ਕਈ ਵਾਰੀ ਜਗਤ-ਰਚਨਾ ਕੀਤੀ ਹੈ,
12426	276	ਸਦਾ ਸਦਾ ਇਕੁ ਏਕੰਕਾਰ॥		Sadhaa Sadhaa Eik Eaekankaar ||	Forever and ever, He is the One, the One Universal Creator.	(ਮੁੜ ਇਸ ਨੂੰ ਸਮੇਟ ਕੇ) ਸਦਾ-ਇਕ ਆਪ ਹੀ ਹੋ ਜਾਂਦਾ ਹੈ;
12427	276	ਕਈ ਕੋਟਿ ਕੀਨੇ ਬਹੁ ਭਾਤਿ॥		Kee Kott Keenae Bahu Bhaath ||	Many millions are created in various forms.	ਪ੍ਰਭੂ ਨੇ ਕਈ ਕਿਸਮਾਂ ਦੇ ਕਰੋੜਾਂ ਹੀ ਜੀਵ ਪੈਦਾ ਕੀਤੇ ਹੋਏ ਹਨ,

12428	276	ਪ੍ਰਭ ਤੇ ਹੋਏ ਪ੍ਰਭ ਮਾਹਿ ਸਮਾਤਿ॥		Prabh Thae Hoeae Prabh Maahi Samaath ||	From God they emanate, and into God they merge once again.	ਜੋ ਪ੍ਰਭੂ ਤੋਂ ਪੈਦਾ ਹੋ ਕੇ ਫਿਰ ਪ੍ਰਭੂ ਵਿਚ ਲੀਨ ਹੋ ਜਾਂਦੇ ਹਨ।
12429	276	ਤਾ ਕਾ ਅੰਤੁ ਨ ਜਾਨੈ ਕੋਇ॥		Thaa Kaa Anth N Jaanai Koe ||	His limits are not known to anyone.	ਉਸ ਪ੍ਰਭੂ ਦਾ ਅੰਤ ਕੋਈ ਬੰਦਾ ਨਹੀਂ ਜਾਣਦਾ;
12430	276	ਆਪੇ ਆਪਿ ਨਾਨਕ ਪ੍ਰਭੁ ਸੋਇ॥੭॥		Aapae Aap Naanak Prabh Soe ||7||	Of Himself, and by Himself, O Nanak, God exists. ||7||	(ਕਿਉਂਕਿ) ਹੇ ਨਾਨਕ! ਉਹ ਪ੍ਰਭੂ (ਆਪਣੇ ਵਰਗਾ) ਆਪ ਹੀ ਆਪ ਹੈ ॥੭॥
12431	276	ਕਈ ਕੋਟਿ ਪਾਰਬ੍ਰਹਮ ਕੇ ਦਾਸ॥		Kee Kott Paarabreham Kae Dhaas ||	Many millions are the servants of the Supreme Lord God.	(ਇਸ ਜਗਤ-ਰਚਨਾ ਵਿਚ) ਕਰੋੜਾਂ ਜੀਵ ਪ੍ਰਭੂ ਦੇ ਸੇਵਕ (ਭਗਤ) ਹਨ,
12432	276	ਤਿਨ ਹੋਵਤ ਆਤਮ ਪਰਗਾਸ॥		Thin Hovath Aatham Paragaas ||	Their souls are enlightened.	ਉਹਨਾਂ ਦੇ ਆਤਮ ਵਿਚ (ਪ੍ਰਭੂ ਦਾ) ਪਰਕਾਸ਼ ਹੋ ਜਾਂਦਾ ਹੈ;
12433	276	ਕਈ ਕੋਟਿ ਤਤ ਕੇ ਬੇਤੇ॥	ਤੱਤ	Kee Kott Thath Kae Baethae ||	Many millions know the essence of reality.	ਕਰੋੜਾਂ ਜੀਵ (ਜਗਤ ਦੇ) ਅਸਲੇ (ਅਕਾਲ ਪੁਰਖ) ਦੇ ਮਹਰਮ ਹਨ,
12434	276	ਸਦਾ ਨਿਹਾਰਹਿ ਏਕੋ ਨੇਤ੍ਰੇ॥	ਨਿਹਾਰ-ਹਿ	Sadhaa Nihaarehi Eaeko Naethrae ||	Their eyes gaze forever on the One alone.	ਜੋ ਸਦਾ ਇੱਕ ਪ੍ਰਭੂ ਨੂੰ ਅੱਖਾਂ ਨਾਲ (ਹਰ ਥਾਂ) ਵੇਖਦੇ ਹਨ;
12435	276	ਕਈ ਕੋਟਿ ਨਾਮ ਰਸੁ ਪੀਵਹਿ॥		Kee Kott Naam Ras Peevehi ||	Many millions drink in the essence of the Naam.	ਕਰੋੜਾਂ ਬੰਦੇ ਪ੍ਰਭੂ-ਨਾਮ ਦਾ ਆਨੰਦ ਮਾਣਦੇ ਹਨ,

12436	276	ਅਮਰ ਭਏ ਸਦ ਸਦ ਹੀ ਜੀਵਹਿ॥		Amar Bheae Sadh Sadh Hee Jeevehi ||	They become immortal; they live forever and ever.	ਉਹ ਜਨਮ ਮਰਨ ਤੋਂ ਰਹਿਤ ਹੋ ਕੇ ਸਦਾ ਹੀ ਜੀਊਂਦੇ ਰਹਿੰਦੇ ਹਨ।
12437	276	ਕਈ ਕੋਟਿ ਨਾਮ ਗੁਨ ਗਾਵਹਿ॥	ਗਾਵ-ਹਿ	Kee Kott Naam Gun Gaavehi ||	Many millions sing the Glorious Praises of the Naam.	ਕ੍ਰੋੜਾਂ ਮਨੁੱਖ ਪ੍ਰਭੂ-ਨਾਮ ਦੇ ਗੁਣ ਗਾਂਦੇ ਹਨ,
12438	276	ਆਤਮ ਰਸਿ ਸੁਖਿ ਸਹਜਿ ਸਮਾਵਹਿ॥	ਸਮਾਵ-ਹਿ	Aatham Ras Sukh Sehaj Samaavehi ||	They are absorbed in intuitive peace and pleasure.	ਉਹ ਆਤਮਕ ਆਨੰਦ ਵਿਚ ਸੁਖ ਵਿਚ ਤੇ ਅਡੋਲ ਅਵਸਥਾ ਵਿਚ ਟਿਕੇ ਰਹਿੰਦੇ ਹਨ।
12439	276	ਅਪੁਨੇ ਜਨ ਕਉ ਸਾਸਿ ਸਾਸਿ ਸਮਾਰੇ॥		Apunae Jan Ko Saas Saas Samaarae ||	He remembers His servants with each and every breath.	ਪ੍ਰਭੂ ਆਪਣੇ ਭਗਤਾਂ ਨੂੰ ਦਮ-ਬ-ਦਮ ਚੇਤੇ ਰੱਖਦਾ ਹੈ,
12440	276	ਨਾਨਕ ਓਇ ਪਰਮੇਸੁਰ ਕੇ ਪਿਆਰੇ॥੮॥੧੦॥		Naanak Oue Paramaesur Kae Piaarae ||8||10||	O Nanak, they are the beloveds of the Transcendent Lord God. ||8||10||	(ਕਿਉਂਕਿ) ਹੇ ਨਾਨਕ! ਉਹ ਭਗਤ ਪ੍ਰਭੂ ਦੇ ਪਿਆਰੇ ਹੁੰਦੇ ਹਨ ॥੮॥੧੦॥
12441	276	ਸਲੋਕੁ॥		Salok ||	Shalok:	
12442	276	ਕਰਣ ਕਾਰਣ ਪ੍ਰਭੁ ਏਕੁ ਹੈ ਦੂਸਰ ਨਾਹੀ ਕੋਇ॥		Karan Kaaran Prabh Eaek Hai Dhoosar Naahee Koe ||	God alone is the Doer of deeds - there is no other at all.	(ਇਸ ਸਾਰੇ) ਜਗਤ ਦਾ (ਮੂਲ-) ਕਾਰਣ (ਭਾਵ, ਬਣਾਉਣ ਵਾਲਾ) ਇਕ ਅਕਾਲ ਪੁਰਖ ਹੀ ਹੈ, ਕੋਈ ਦੂਜਾ ਨਹੀਂ ਹੈ।

12443	276	ਨਾਨਕ ਤਿਸੁ ਬਲਿਹਾਰਣੈ ਜਲਿ ਥਲਿ ਮਹੀਅਲਿ ਸੋਇ॥੧॥		Naanak This Balihaaranai Jal Thhal Meheeal Soe ||1||	O Nanak, I am a sacrifice to the One, who pervades the waters, the lands, the sky and all space. ||1||	ਹੇ ਨਾਨਕ! (ਮੈਂ) ਉਸ ਪ੍ਰਭੂ ਤੋਂ ਸਦਕੇ (ਹਾਂ), ਜੋ ਜਲ ਵਿਚ ਥਲ ਵਿਚ ਤੇ ਧਰਤੀ ਦੇ ਤਲ ਉਤੇ (ਭਾਵ, ਆਕਾਸ਼ ਵਿਚ ਮੌਜੂਦ ਹੈ) ॥੧॥
12444	276	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	
12445	276	ਕਰਨ ਕਰਾਵਨ ਕਰਨੈ ਜੋਗੁ॥		Karan Karaavan Karanai Jog ||	The Doer, the Cause of causes, is potent to do anything.	ਪ੍ਰਭੂ (ਸਭ ਕੁਝ) ਕਰਨ ਦੀ ਸਮਰੱਥਾ ਰੱਖਦਾ ਹੈ, ਤੇ (ਜੀਆਂ ਨੂੰ) ਕੰਮ ਕਰਨ ਲਈ ਪ੍ਰੇਰਨ ਜੋਗਾ ਭੀ ਹੈ,
12446	276	ਜੋ ਤਿਸੁ ਭਾਵੈ ਸੋਈ ਹੋਗੁ॥		Jo This Bhaavai Soee Hog ||	That which pleases Him, comes to pass.	ਓਹੀ ਕੁਝ ਹੁੰਦਾ ਹੈ ਜੋ ਉਸ ਨੂੰ ਚੰਗਾ ਲੱਗਦਾ ਹੈ।
12447	276	ਖਿਨ ਮਹਿ ਥਾਪਿ ਉਥਾਪਨਹਾਰਾ॥		Khin Mehi Thhaap Outhhaapanehaara a ||	In an instant, He creates and destroys.	ਅੱਖ ਦੇ ਫੋਰ ਵਿਚ ਜਗਤ ਨੂੰ ਪੈਦਾ ਕਰ ਕੇ ਨਾਸ ਭੀ ਕਰਨ ਵਾਲਾ ਹੈ,
12448	277	ਅੰਤੁ ਨਹੀ ਕਿਛੁ ਪਾਰਾਵਾਰਾ॥		Anth Nehee Kishh Paaraavaaraa ||	He has no end or limitation.	(ਉਸ ਦੀ ਤਾਕਤ) ਦਾ ਕੋਈ ਹੱਦ-ਬੰਨਾ ਨਹੀਂ ਹੈ।
12449	277	ਹੁਕਮੇ ਧਾਰਿ ਅਧਰ ਰਹਾਵੈ॥	ਅ-ਧਰ	Hukamae Dhhaar Adhhar Rehaavai ||	By His Order, He established the earth, and He maintains it unsupported.	(ਸ੍ਰਿਸ਼ਟੀ ਨੂੰ ਆਪਣੇ) ਹੁਕਮ ਵਿਚ ਪੈਦਾ ਕਰ ਕੇ ਬਿਨਾ ਕਿਸੇ ਆਸਰੇ ਟਿਕਾ ਰੱਖਦਾ ਹੈ,

12450	277	ਹੁਕਮੇ ਉਪਜੈ ਹੁਕਮਿ ਸਮਾਵੈ॥		Hukamae Oupajai Hukam Samaavai ||	By His Order, the world was created; by His Order, it shall merge again into Him.	(ਜਗਤ ਉਸ ਦੇ) ਹੁਕਮ ਵਿਚ ਪੈਦਾ ਹੁੰਦਾ ਹੈ ਤੇ ਹੁਕਮ ਵਿਚ ਲੀਨ ਹੋ ਜਾਂਦਾ ਹੈ।
12451	277	ਹੁਕਮੇ ਊਚ ਨੀਚ ਬਿਉਹਾਰ॥		Hukamae Ooch Neech Biouhaar ||	By His Order, one's occupation is high or low.	ਉੱਚੇ ਤੇ ਨੀਵੇਂ ਬੰਦਿਆਂ ਦੀ ਵਰਤੋਂ ਭੀ ਉਸ ਦੇ ਹੁਕਮ ਵਿਚ ਹੀ ਹੈ,
12452	277	ਹੁਕਮੇ ਅਨਿਕ ਰੰਗ ਪਰਕਾਰ॥		Hukamae Anik Rang Parakaar ||	By His Order, there are so many colors and forms.	ਅਨੇਕਾਂ ਕਿਸਮਾਂ ਦੇ ਖੇਡ-ਤਮਾਸ਼ੇ ਉਸ ਦੇ ਹੁਕਮ ਵਿਚ ਹੋ ਰਹੇ ਹਨ।
12453	277	ਕਰਿ ਕਰਿ ਦੇਖੈ ਅਪਨੀ ਵਡਿਆਈ॥		Kar Kar Dhaekhai Apanee Vaddiaaee ||	Having created the Creation, He beholds His own greatness.	ਆਪਣੀ ਬਜ਼ੁਰਗੀ (ਦੇ ਕੰਮ) ਕਰ ਕਰ ਕੇ ਆਪ ਹੀ ਵੇਖ ਰਿਹਾ ਹੈ।
12454	277	ਨਾਨਕ ਸਭ ਮਹਿ ਰਹਿਆ ਸਮਾਈ॥੧॥		Naanak Sabh Mehi Rehiaa Samaaee ||1||	O Nanak, He is pervading in all. ||1||	ਹੇ ਨਾਨਕ! ਪ੍ਰਭੂ ਸਭ ਜੀਵਾਂ ਵਿਚ ਵਿਆਪਕ ਹੈ ॥੧॥
12455	277	ਪ੍ਰਭ ਭਾਵੈ ਮਾਨੁਖ ਗਤਿ ਪਾਵੈ॥		Prabh Bhaavai Maanukh Gath Paavai ||	If it pleases God, one attains salvation.	ਜੇ ਪ੍ਰਭੂ ਨੂੰ ਚੰਗੀ ਲੱਗੇ ਤਾਂ ਮਨੁੱਖ ਨੂੰ ਉੱਚੀ ਆਤਮਕ ਅਵਸਥਾ ਦੇਂਦਾ ਹੈ,
12456	277	ਪ੍ਰਭ ਭਾਵੈ ਤਾ ਪਾਥਰ ਤਰਾਵੈ॥		Prabh Bhaavai Thaa Paathhar Tharaavai ||	If it pleases God, then even stones can swim.	ਅਤੇ ਪੱਥਰ (-ਦਿਲਾਂ) ਨੂੰ ਭੀ ਤਾਰ ਲੈਂਦਾ ਹੈ।
12457	277	ਪ੍ਰਭ ਭਾਵੈ ਬਿਨੁ ਸਾਸ ਤੇ ਰਾਖੈ॥		Prabh Bhaavai Bin Saas Thae Raakhai ||	If it pleases God, the body is preserved, even without the breath of life.	ਜੇ ਪ੍ਰਭੂ ਚਾਹੇ ਤਾਂ ਸੁਆਸਾਂ ਤੋਂ ਬਿਨਾ ਭੀ ਪ੍ਰਾਣੀ ਨੂੰ (ਮੌਤ ਤੋਂ) ਬਚਾ ਰੱਖਦਾ ਹੈ,

12458	277	ਪ੍ਰਭ ਭਾਵੈ ਤਾ ਹਰਿ ਗੁਣ ਭਾਖੈ॥		Prabh Bhaavai Thaa Har Gun Bhaakhai ||	If it pleases God, then one chants the Lord's Glorious Praises.	ਉਸ ਦੀ ਮੇਹਰ ਹੋਵੇ ਤਾਂ ਜੀਵ ਪ੍ਰਭੂ ਦੇ ਗੁਣ ਗਾਉਂਦਾ ਹੈ।
12459	277	ਪ੍ਰਭ ਭਾਵੈ ਤਾ ਪਤਿਤ ਉਧਾਰੈ॥	ਪਤਿ-ਤ	Prabh Bhaavai Thaa Pathith Oudhhaarai ||	If it pleases God, then even sinners are saved.	ਜੇ ਅਕਾਲ ਪੁਰਖ ਦੀ ਰਜ਼ਾ ਹੋਵੇ ਤਾਂ ਗਿਰੇ ਹੋਏ ਚਲਨ ਵਾਲਿਆਂ ਨੂੰ (ਵਿਕਾਰਾਂ ਤੋਂ) ਬਚਾ ਲੈਂਦਾ ਹੈ;
12460	277	ਆਪਿ ਕਰੈ ਆਪਨ ਬੀਚਾਰੈ॥		Aap Karai Aapan Beechaarai ||	He Himself acts, and He Himself contemplates.	ਜੇ ਕੁਝ ਕਰਦਾ ਹੈ, ਆਪਣੀ ਸਲਾਹ ਅਨੁਸਾਰ ਕਰਦਾ ਹੈ।
12461	277	ਦੁਹਾ ਸਿਰਿਆ ਕਾ ਆਪਿ ਸੁਆਮੀ॥		Dhuhaa Siriaa Kaa Aap Suaamee ||	He Himself is the Master of both worlds.	ਪ੍ਰਭੂ ਆਪ ਹੀ ਲੋਕ ਪਰਲੋਕ ਦਾ ਮਾਲਕ ਹੈ,
12462	277	ਖੇਲੈ ਬਿਗਸੈ ਅੰਤਰਜਾਮੀ॥	ਖ੍ਹੇਲੈ ਬਿਗਸੈ: ਪੋਲੇ ਬੋਲੋ	Khaelai Bigasai Antharajaamee ||	He plays and He enjoys; He is the Inner-knower, the Searcher of hearts.	ਉਹ ਸਭ ਦੇ ਦਿਲ ਦੀ ਜਾਣਨ ਵਾਲਾ ਆਪ ਜਗਤ-ਖੇਡ ਖੇਡਦਾ ਹੈ ਤੇ (ਇਸ ਨੂੰ ਵੇਖ ਕੇ) ਖ਼ੁਸ਼ ਹੁੰਦਾ ਹੈ।
12463	277	ਜੋ ਭਾਵੈ ਸੋ ਕਾਰ ਕਰਾਵੈ॥		Jo Bhaavai So Kaar Karaavai ||	As He wills, He causes actions to be done.	ਜੋ ਉਸ ਨੂੰ ਚੰਗਾ ਲੱਗਦਾ ਹੈ ਉਹੀ ਕੰਮ ਕਰਦਾ ਹੈ।
12464	277	ਨਾਨਕ ਦ੍ਰਿਸਟੀ ਅਵਰੁ ਨ ਆਵੈ॥੨॥		Naanak Dhrisattee Avar N Aavai ||2||	Nanak sees no other than Him. ||2||	ਹੇ ਨਾਨਕ! (ਉਸ ਵਰਗਾ) ਕੋਈ ਹੋਰ ਨਹੀਂ ਦਿੱਸਦਾ ॥੨॥

12465	277	ਕਹੁ ਮਾਨੁਖ ਤੇ ਕਿਆ ਹੋਇ ਆਵੈ॥		Kahu Maanukh Thae Kiaa Hoe Aavai ||	Tell me - what can a mere mortal do?	ਦੱਸੋ, ਮਨੁੱਖ ਪਾਸੋਂ (ਆਪਣੇ ਆਪ) ਕੇਹੜਾ ਕੰਮ ਹੋ ਸਕਦਾ ਹੈ?
12466	277	ਜੋ ਤਿਸੁ ਭਾਵੈ ਸੋਈ ਕਰਾਵੈ॥		Jo This Bhaavai Soee Karaavai ||	Whatever pleases God is what He causes us to do.	ਜੋ ਪ੍ਰਭੂ ਨੂੰ ਚੰਗਾ ਲੱਗਦਾ ਹੈ, ਉਹੀ (ਜੀਵ ਪਾਸੋਂ) ਕਰਾਉਂਦਾ ਹੈ।
12467	277	ਇਸ ਕੈ ਹਾਥਿ ਹੋਇ ਤਾ ਸਭੁ ਕਿਛੁ ਲੇਇ॥		Eis Kai Haathh Hoe Thaa Sabh Kishh Laee ||	If it were in our hands, we would grab up everything.	ਇਸ (ਮਨੁੱਖ) ਦੇ ਵੱਸ ਹੋਵੇ ਤਾਂ ਹਰੇਕ ਚੀਜ਼ ਸਾਂਭ ਲਏ,
12468	277	ਜੋ ਤਿਸੁ ਭਾਵੈ ਸੋਈ ਕਰੇਇ॥		Jo This Bhaavai Soee Karaee ||	Whatever pleases God - that is what He does.	(ਪਰ) ਪ੍ਰਭੂ ਉਹੀ ਕੁਝ ਕਰਦਾ ਹੈ ਜੋ ਉਸ ਨੂੰ ਭਾਉਂਦਾ ਹੈ।
12469	277	ਅਨਜਾਨਤ ਬਿਖਿਆ ਮਹਿ ਰਚੈ॥		Anajaanath Bikhiaa Mehi Rachai ||	Through ignorance, people are engrossed in corruption.	ਮੂਰਖਤਾ ਦੇ ਕਾਰਣ ਮਨੁੱਖ ਮਾਇਆ ਵਿਚ ਰੁੱਝ ਜਾਂਦਾ ਹੈ,
12470	277	ਜੇ ਜਾਨਤ ਆਪਨ ਆਪ ਬਚੈ॥		Jae Jaanath Aapan Aap Bachai ||	If they knew better, they would save themselves.	ਜੇ ਸਮਝ ਵਾਲਾ ਹੋਵੇ ਤਾਂ ਆਪਣੇ ਆਪ (ਇਸ ਤੋਂ) ਬਚਿਆ ਰਹੇ;
12471	277	ਭਰਮੇ ਭੂਲਾ ਦਹ ਦਿਸਿ ਧਾਵੈ॥		Bharamae Bhoolaa Dheh Dhis Dhhaavai ||	Deluded by doubt, they wander around in the ten directions.	(ਪਰ ਇਸ ਦਾ ਮਨ) ਭੁਲੇਖੇ ਵਿਚ ਭੁੱਲਾ ਹੋਇਆ (ਮਾਇਆ ਦੀ ਖ਼ਾਤਿਰ) ਦਸੀਂ ਪਾਸੀਂ ਦੌੜਦਾ ਹੈ,

12472	277	ਨਿਮਖ ਮਾਹਿ ਚਾਰਿ ਕੁੰਟ ਫਿਰਿ ਆਵੈ॥		Nimakh Maahi Chaar Kuntt Fir Aavai ||	In an instant, their minds go around the four corners of the world and come back again.	ਅੱਖ ਦੇ ਫੋਰ ਵਿਚ ਚਹੁੰ ਕੂਟਾਂ ਵਿਚ ਭੱਜ ਦੌੜ ਆਉਂਦਾ ਹੈ।
12473	277	ਕਰਿ ਕਿਰਪਾ ਜਿਸੁ ਅਪਨੀ ਭਗਤਿ ਦੇਇ॥	ਦੇ-ਇ	Kar Kirapaa Jis Apanee Bhagath Dhaee ||	Those whom the Lord mercifully blesses with His devotional worship	(ਪ੍ਰਭੂ) ਮੇਹਰ ਕਰ ਕੇ ਜਿਸ ਜਿਸ ਮਨੁੱਖ ਨੂੰ ਆਪਣੀ ਭਗਤੀ ਬਖ਼ਸ਼ਦਾ ਹੈ,
12474	277	ਨਾਨਕ ਤੇ ਜਨ ਨਾਮਿ ਮਿਲੇਇ॥੩॥	ਮਿਲੇ-ਇ	Naanak Thae Jan Naam Milaee ||3||	- O Nanak, they are absorbed into the Naam. ||3||	ਹੇ ਨਾਨਕ! ਉਹ ਮਨੁੱਖ ਨਾਮ ਵਿਚ ਟਿਕੇ ਰਹਿੰਦੇ ਹਨ ॥੩॥
12475	277	ਖਿਨ ਮਹਿ ਨੀਚ ਕੀਟ ਕਉ ਰਾਜ॥		Khin Mehi Neech Keett Ko Raaj ||	In an instant, the lowly worm is transformed into a king.	ਖਿਣ ਵਿਚ ਪ੍ਰਭੂ ਕੀੜੇ (ਵਰਗੇ) ਨੀਵੇਂ (ਮਨੁੱਖ) ਨੂੰ ਰਾਜ ਦੇ ਦੇਂਦਾ ਹੈ,
12476	277	ਪਾਰਬ੍ਰਹਮ ਗਰੀਬ ਨਿਵਾਜ॥		Paarabreham Gareeb Nivaaj ||	The Supreme Lord God is the Protector of the humble.	ਪ੍ਰਭੂ ਗ਼ਰੀਬਾਂ ਤੇ ਮੇਹਰ ਕਰਨ ਵਾਲਾ ਹੈ।
12477	277	ਜਾ ਕਾ ਦ੍ਰਿਸਟਿ ਕਛੂ ਨ ਆਵੈ॥		Jaa Kaa Dhrisatt Kashhoo N Aavai ||	Even one who has never been seen at all,	ਜਿਸ ਮਨੁੱਖ ਦਾ ਕੋਈ ਗੁਣ ਨਹੀਂ ਦਿੱਸ ਆਉਂਦਾ,
12478	277	ਤਿਸੁ ਤਤਕਾਲ ਦਹ ਦਿਸ ਪ੍ਰਗਟਾਵੈ॥		This Thathakaal Dheh Dhis Pragattaavai ||	Becomes instantly famous in the ten directions.	ਉਸ ਨੂੰ ਪਲਕ ਵਿਚ ਦਸੀਂ ਪਾਸੀਂ ਉੱਘਾ ਕਰ ਦੇਂਦਾ ਹੈ।

12479	277	ਜਾ ਕਉ ਅਪੁਨੀ ਕਰੈ ਬਖਸੀਸ॥		Jaa Ko Apunee Karai Bakhasees ||	And that one upon whom He bestows His blessings	ਜਿਸ ਮਨੁੱਖ ਤੇ ਜਗਤ ਦਾ ਮਾਲਕ ਪ੍ਰਭੂ ਆਪਣੀ ਬਖ਼ਸ਼ਸ਼ ਕਰਦਾ ਹੈ;
12480	277	ਤਾ ਕਾ ਲੇਖਾ ਨ ਗਨੈ ਜਗਦੀਸ॥	ਜੱਗਦੀਸ	Thaa Kaa Laekhaa N Ganai Jagadhees ||	The Lord of the world does not hold him to his account.	ਉਸ ਦਾ (ਕਰਮਾਂ ਦਾ) ਲੇਖਾ ਨਹੀਂ ਗਿਣਦਾ।
12481	277	ਜੀਉ ਪਿੰਡੁ ਸਭ ਤਿਸ ਕੀ ਰਾਸਿ॥		Jeeo Pindd Sabh This Kee Raas ||	Soul and body are all His property.	ਇਹ ਜਿੰਦ ਤੇ ਸਰੀਰ ਸਭ ਉਸ ਪ੍ਰਭੂ ਦੀ ਦਿੱਤੀ ਹੋਈ ਪੂੰਜੀ ਹੈ,
12482	277	ਘਟਿ ਘਟਿ ਪੂਰਨ ਬ੍ਰਹਮ ਪ੍ਰਗਾਸ॥		Ghatt Ghatt Pooran Breham Pragaas ||	Each and every heart is illuminated by the Perfect Lord God.	ਹਰੇਕ ਸਰੀਰ ਵਿਚ ਵਿਆਪਕ ਪ੍ਰਭੂ ਦਾ ਹੀ ਜਲਵਾ ਹੈ।
12483	277	ਅਪਨੀ ਬਣਤ ਆਪਿ ਬਨਾਈ॥		Apanee Banath Aap Banaaee ||	He Himself fashioned His own handiwork.	ਇਹ (ਜਗਤ-) ਰਚਨਾ ਉਸ ਨੇ ਆਪ ਰਚੀ ਹੈ।
12484	277	ਨਾਨਕ ਜੀਵੈ ਦੇਖਿ ਬਡਾਈ॥੪॥		Naanak Jeevai Dhaekh Baddaaee ||4||	Nanak lives by beholding His greatness. ||4||	ਹੇ ਨਾਨਕ! ਆਪਣੀ (ਇਸ) ਬਜ਼ੁਰਗੀ ਨੂੰ ਆਪ ਵੇਖ ਕੇ ਖ਼ੁਸ਼ ਹੋ ਰਿਹਾ ਹੈ ॥੪॥
12485	277	ਇਸ ਕਾ ਬਲੁ ਨਾਹੀ ਇਸੁ ਹਾਥ॥		Eis Kaa Bal Naahee Eis Haathh ||	There is no power in the hands of mortal beings;	ਇਸ (ਜੀਵ) ਦੀ ਤਾਕਤ ਇਸ ਦੇ ਆਪਣੇ ਹੱਥ ਨਹੀਂ ਹੈ,
12486	277	ਕਰਨ ਕਰਾਵਨ ਸਰਬ ਕੋ ਨਾਥ॥		Karan Karaavan Sarab Ko Naathh ||	The Doer, the Cause of causes is the Lord of all.	ਸਭ ਜੀਵਾਂ ਦਾ ਮਾਲਕ ਪ੍ਰਭੂ ਆਪ ਸਭ ਕੁਝ ਕਰਨ ਕਰਾਉਣ ਦੇ ਸਮਰੱਥ ਹੈ।
12487	277	ਆਗਿਆਕਾਰੀ ਬਪੁਰਾ ਜੀਉ॥	ਬੱਪੁਰਾ	Aagiaakaaree Bapuraa Jeeo ||	The helpless beings are subject to His Command.	ਵਿਚਾਰਾ ਜੀਵ ਪ੍ਰਭੂ ਦੇ ਹੁਕਮ ਵਿਚ ਹੀ ਤੁਰਨ ਵਾਲਾ ਹੈ,

12488	277	ਜੋ ਤਿਸੁ ਭਾਵੈ ਸੋਈ ਫੁਨਿ ਥੀਉ॥		Jo This Bhaavai Soee Fun Thheeo ||	That which pleases Him, ultimately comes to pass.	(ਕਿਉਂਕਿ) ਹੁੰਦਾ ਓਹੀ ਹੈ ਜੋ ਉਸ ਪ੍ਰਭੂ ਨੂੰ ਭਾਉਂਦਾ ਹੈ।
12489	277	ਕਬਹੂ ਊਚ ਨੀਚ ਮਹਿ ਬਸੈ॥		Kabehoo Ooch Neech Mehi Basai ||	Sometimes, they abide in exaltation; sometimes, they are depressed.	(ਪ੍ਰਭੂ ਆਪ) ਕਦੇ ਉੱਚਿਆਂ ਵਿਚ ਕਦੇ ਨੀਵਿਆਂ ਵਿਚ ਪ੍ਰਗਟ ਹੋ ਰਿਹਾ ਹੈ,
12490	277	ਕਬਹੂ ਸੋਗ ਹਰਖ ਰੰਗਿ ਹਸੈ॥	ਹੱਸੈ	Kabehoo Sog Harakh Rang Hasai ||	Sometimes, they are sad, and sometimes they laugh with joy and delight.	ਕਦੇ ਚਿੰਤਾ ਵਿਚ ਹੈ ਤੇ ਕਦੇ ਖੁਸ਼ੀ ਦੀ ਮੌਜ ਵਿਚ ਹੱਸ ਰਿਹਾ ਹੈ;
12491	277	ਕਬਹੂ ਨਿੰਦ ਚਿੰਦ ਬਿਉਹਾਰ॥		Kabehoo Nindh Chindh Biouhaar ||	Sometimes, they are occupied with slander and anxiety.	ਕਦੇ (ਦੂਜਿਆਂ ਦੀ) ਨਿੰਦਿਆ ਵਿਚਾਰਨ ਦਾ ਵਿਹਾਰ ਬਣਾਈ ਬੈਠਾ ਹੈ,
12492	277	ਕਬਹੂ ਊਭ ਅਕਾਸ ਪਇਆਲ॥		Kabehoo Oobh Akaas Paeiaal ||	Sometimes, they are high in the Akaashic Ethers, sometimes in the nether regions of the underworld.	ਕਦੇ (ਖ਼ੁਸ਼ੀ ਦੇ ਕਾਰਣ) ਅਕਾਸ਼ ਵਿਚ ਉੱਚਾ (ਚੜ੍ਹਦਾ ਹੈ) (ਕਦੇ ਚਿੰਤਾ ਦੇ ਕਾਰਣ) ਪਤਾਲ ਵਿਚ (ਡਿੱਗਾ ਪਿਆ ਹੈ);
12493	277	ਕਬਹੂ ਬੇਤਾ ਬ੍ਰਹਮ ਬੀਚਾਰ॥		Kabehoo Baethaa Breham Beechaar ||	Sometimes, they know the contemplation of God.	ਕਦੇ ਆਪ ਹੀ ਰੱਬੀ ਵਿਚਾਰ ਦਾ ਮਹਰਮ ਹੈ।
12494	277	ਨਾਨਕ ਆਪਿ ਮਿਲਾਵਣਹਾਰ॥੫॥		Naanak Aap Milaavanehaar ||5||	O Nanak, God Himself unites them with Himself. ||5||	ਹੇ ਨਾਨਕ! ਜੀਵਾਂ ਨੂੰ ਆਪਣੇ ਵਿਚ ਮੇਲਣ ਵਾਲਾ ਆਪ ਹੀ ਹੈ ॥੫॥

12495	277	ਕਬਹੂ ਨਿਰਤਿ ਕਰੈ ਬਹੁ ਭਾਤਿ॥		Kabehoo Nirath Karai Bahu Bhaath ||	Sometimes, they dance in various ways.	(ਪ੍ਰਭੂ ਜੀਵਾਂ ਵਿਚ ਵਿਆਪਕ ਹੋ ਕੇ) ਕਦੇ ਕਈ ਕਿਸਮਾਂ ਦੇ ਨਾਚ ਕਰ ਰਿਹਾ ਹੈ,
12496	277	ਕਬਹੂ ਸੋਇ ਰਹੈ ਦਿਨੁ ਰਾਤਿ॥		Kabehoo Soe Rehai Dhin Raath ||	Sometimes, they remain asleep day and night.	ਕਦੇ ਦਿਨੇ ਰਾਤ ਸੁੱਤਾ ਰਹਿੰਦਾ ਹੈ।
12497	277	ਕਬਹੂ ਮਹਾ ਕ੍ਰੋਧ ਬਿਕਰਾਲ॥		Kabehoo Mehaa Krodhh Bikaraal ||	Sometimes, they are awesome, in terrible rage.	ਕਦੇ ਕ੍ਰੋਧ (ਵਿਚ ਆ ਕੇ) ਬੜਾ ਡਰਾਉਣਾ (ਲੱਗਦਾ ਹੈ),
12498	277	ਕਬਹੂੰ ਸਰਬ ਕੀ ਹੋਤ ਰਵਾਲ॥		Kabehoon Sarab Kee Hoth Ravaal ||	Sometimes, they are the dust of the feet of all.	ਕਦੇ ਜੀਵਾਂ ਦੇ ਚਰਨਾਂ ਦੀ ਧੂੜ (ਬਣਿਆ ਰਹਿੰਦਾ ਹੈ);
12499	277	ਕਬਹੂ ਹੋਇ ਬਹੈ ਬਡ ਰਾਜਾ॥	ਬੱਡ	Kabehoo Hoe Behai Badd Raajaa ||	Sometimes, they sit as great kings.	ਕਦੇ ਵੱਡਾ ਰਾਜਾ ਬਣ ਬੈਠਦਾ ਹੈ,
12500	277	ਕਬਹੁ ਭੇਖਾਰੀ ਨੀਚ ਕਾ ਸਾਜਾ॥	ਕਬਹੁ: ਹ ਔਂਕੜ ਲਾਉ, ਦੁਲੈਂਕੜ ਨਹੀ	Kabahu Bhaekhaaree Neech Kaa Saajaa ||	Sometimes, they wear the coat of a lowly beggar.	ਕਦੇ ਇਕ ਨੀਵੀਂ ਜਾਤਿ ਦੇ ਮੰਗਤੇ ਦਾ ਸਾਂਗ (ਬਣਾ ਰੱਖਿਆ ਹੈ);
12501	277	ਕਬਹੂ ਅਪਕੀਰਤਿ ਮਹਿ ਆਵੈ॥		Kabehoo Apakeerath Mehi Aavai ||	Sometimes, they come to have evil reputations.	ਕਦੇ ਆਪਣੀ ਬਦਨਾਮੀ ਕਰਾ ਰਿਹਾ ਹੈ,
12502	277	ਕਬਹੂ ਭਲਾ ਭਲਾ ਕਹਾਵੈ॥		Kabehoo Bhalaa Bhalaa Kehaavai ||	Sometimes, they are known as very, very good.	ਕਦੇ ਚੰਗਾ ਅਖਵਾ ਰਿਹਾ ਹੈ;
12503	277	ਜਿਉ ਪ੍ਰਭੁ ਰਾਖੈ ਤਿਵ ਹੀ ਰਹੈ॥		Jio Prabh Raakhai Thiv Hee Rehai ||	As God keeps them, so they remain.	ਜੀਵ ਉਸੇ ਤਰ੍ਹਾਂ ਜੀਵਨ ਬਿਤੀਤ ਕਰਦਾ ਹੈ ਜਿਵੇਂ ਪ੍ਰਭੂ ਕਰਾਉਂਦਾ ਹੈ।

12504	277	ਗੁਰ ਪ੍ਰਸਾਦਿ ਨਾਨਕ ਸਚੁ ਕਹੈ॥੬॥		Gur Prasaadh Naanak Sach Kehai ||6||	By Guru's Grace, O Nanak, the Truth is told. ||6||	ਹੇ ਨਾਨਕ! (ਕੋਈ ਵਿਰਲਾ ਮਨੁੱਖ) ਗੁਰੂ ਦੀ ਕਿਰਪਾ ਨਾਲ ਪ੍ਰਭੂ ਨੂੰ ਸਿਮਰਦਾ ਹੈ ॥੬॥
12505	277	ਕਬਹੂ ਹੋਇ ਪੰਡਿਤੁ ਕਰੇ ਬਖ੍ਯਾਨੁ॥	ਬਖਿਆਨੁ	Kabehoo Hoe Panddith Karae Bakhyaan ||	Sometimes, as scholars, they deliver lectures.	(ਸਰਬ-ਵਿਆਪੀ ਪ੍ਰਭੂ) ਕਦੇ ਪੰਡਤ ਬਣ ਕੇ (ਦੂਜਿਆਂ ਨੂੰ) ਉਪਦੇਸ਼ ਕਰ ਰਿਹਾ ਹੈ,
12506	277	ਕਬਹੂ ਮੋਨਿਧਾਰੀ ਲਾਵੈ ਧਿਆਨੁ॥		Kabehoo Monidhhaaree Laavai Dhhiaan ||	Sometimes, they hold to silence in deep meditation.	ਕਦੇ ਮੋਨੀ ਸਾਧੂ ਹੋ ਕੇ ਸਮਾਧੀ ਲਾਈ ਬੈਠਾ ਹੈ;
12507	277	ਕਬਹੂ ਤਟ ਤੀਰਥ ਇਸਨਾਨ॥	ਤਟ: ਪੋਲਾ ਬੋਲੋ	Kabehoo Thatt Theerathh Eisanaan ||	Sometimes, they take cleansing baths at places of pilgrimage.	ਕਦੇ ਤੀਰਥਾਂ ਦੇ ਕਿਨਾਰੇ ਇਸ਼ਨਾਨ ਕਰ ਰਿਹਾ ਹੈ,
12508	277	ਕਬਹੂ ਸਿਧ ਸਾਧਿਕ ਮੁਖਿ ਗਿਆਨ॥		Kabehoo Sidhh Saadhhik Mukh Giaan ||	Sometimes, as Siddhas or seekers, they impart spiritual wisdom.	ਕਦੇ ਸਿੱਧ ਤੇ ਸਾਧਿਕ (ਦੇ ਰੂਪ ਵਿਚ) ਮੂੰਹੋਂ ਗਿਆਨ ਦੀਆਂ ਗੱਲਾਂ ਕਰਦਾ ਹੈ;
12509	277	ਕਬਹੂ ਕੀਟ ਹਸਤਿ ਪਤੰਗ ਹੋਇ ਜੀਆ॥	ਹਸਤਿ: ਪੋਲਾ ਬੋਲੋ	Kabehoo Keett Hasath Pathang Hoe Jeeaa ||	Sometimes, they becomes worms, elephants, or moths.	ਕਦੇ ਕੀੜੇ ਹਾਥੀ ਭੰਬਟ (ਆਦਿਕ) ਜੀਵ ਬਣਿਆ ਹੋਇਆ ਹੈ,
12510	277	ਅਨਿਕ ਜੋਨਿ ਭਰਮੈ ਭਰਮੀਆ॥	ਭਰ-ਮੀਆ	Anik Jon Bharamai Bharameeaa ||	They may wander and roam through countless incarnations.	ਅਤੇ (ਆਪਣਾ ਹੀ) ਭਵਾਇਆ ਹੋਇਆ ਕਈ ਜੂਨਾਂ ਵਿਚ ਭਉਂ ਰਿਹਾ ਹੈ;

12511	278	ਨਾਨਾ ਰੂਪ ਜਿਉ ਸ੍ਵਾਗੀ ਦਿਖਾਵੈ॥	ਨਾਨ੍ਹਾ ਸੁਆਂਗੀ	Naanaa Roop Jio Svaagee Dhikhaavai ||	In various costumes, like actors, they appear.	ਬਹੁ-ਰੂਪੀਏ ਵਾਂਗ ਕਈ ਤਰ੍ਹਾਂ ਦੇ ਰੂਪ ਵਿਖਾ ਰਿਹਾ ਹੈ,
12512	278	ਜਿਉ ਪ੍ਰਭ ਭਾਵੈ ਤਿਵੈ ਨਚਾਵੈ॥		Jio Prabh Bhaavai Thivai Nachaavai ||	As it pleases God, they dance.	ਜਿਉਂ ਪ੍ਰਭੂ ਨੂੰ ਭਾਉਂਦਾ ਹੈ ਤਿਵੇਂ (ਜੀਵਾਂ ਨੂੰ) ਨਚਾਉਂਦਾ ਹੈ।
12513	278	ਜੋ ਤਿਸੁ ਭਾਵੈ ਸੋਈ ਹੋਇ॥		Jo This Bhaavai Soee Hoe ||	Whatever pleases Him, comes to pass.	ਉਹੀ ਹੁੰਦਾ ਹੈ ਜੋ ਉਸ (ਮਾਲਕ) ਨੂੰ ਚੰਗਾ ਲੱਗਦਾ ਹੈ।
12514	278	ਨਾਨਕ ਦੂਜਾ ਅਵਰੁ ਨ ਕੋਇ॥੭॥		Naanak Dhoojaa Avar N Koe ||7||	O Nanak, there is no other at all. ||7||	ਹੇ ਨਾਨਕ! (ਉਸ ਵਰਗਾ) ਕੋਈ ਹੋਰ ਦੂਜਾ ਨਹੀਂ ਹੈ ॥੭॥
12515	278	ਕਬਹੂ ਸਾਧਸੰਗਤਿ ਇਹੁ ਪਾਵੈ॥		Kabehoo Saadhhasangath Eihu Paavai ||	Sometimes, this being attains the Company of the Holy.	(ਜਦੋਂ) ਕਦੇ (ਪ੍ਰਭੂ ਦੀ ਅੰਸ਼) ਇਹ ਜੀਵ ਸਤਸੰਗਿ ਵਿਚ ਅੱਪੜਦਾ ਹੈ,
12516	278	ਉਸੁ ਅਸਥਾਨ ਤੇ ਬਹੁਰਿ ਨ ਆਵੈ॥		Ous Asathhaan Thae Bahur N Aavai ||	From that place, he does not have to come back again.	ਤਾਂ ਉਸ ਥਾਂ ਤੋਂ ਮੁੜ ਵਾਪਸ ਨਹੀਂ ਆਉਂਦਾ;
12517	278	ਅੰਤਰਿ ਹੋਇ ਗਿਆਨ ਪਰਗਾਸੁ॥		Anthar Hoe Giaan Paragaas ||	The light of spiritual wisdom dawns within.	(ਕਿਉਂਕਿ) ਇਸ ਦੇ ਅੰਦਰ ਪ੍ਰਭੂ ਦੇ ਗਿਆਨ ਦਾ ਪਰਕਾਸ਼ ਹੋ ਜਾਂਦਾ ਹੈ,
12518	278	ਉਸੁ ਅਸਥਾਨ ਕਾ ਨਹੀ ਬਿਨਾਸੁ॥		Ous Asathhaan Kaa Nehee Binaas ||	That place does not perish.	(ਤੇ) ਉਸ (ਗਿਆਨ ਦੇ ਪਰਕਾਸ਼ ਵਾਲੀ) ਹਾਲਤ ਦਾ ਨਾਸ ਨਹੀਂ ਹੁੰਦਾ;

12519	278	ਮਨ ਤਨ ਨਾਮਿ ਰਤੇ ਇਕ ਰੰਗਿ॥	ਰੱਤੇ	Man Than Naam Rathae Eik Rang ||	The mind and body are imbued with the Love of the Naam, the Name of the One Lord.	(ਜਿਨ੍ਹਾਂ ਮਨੁੱਖਾਂ ਦੇ) ਤਨ ਮਨ ਪ੍ਰਭੂ ਦੇ ਨਾਮ ਵਿਚ ਤੇ ਪਿਆਰ ਵਿਚ ਰੱਤੇ ਰਹਿੰਦੇ ਹਨ,
12520	278	ਸਦਾ ਬਸਹਿ ਪਾਰਬ੍ਰਹਮ ਕੈ ਸੰਗਿ॥	ਬਸਹਿ	Sadhaa Basehi Paarabreham Kai Sang ||	He dwells forever with the Supreme Lord God.	ਉਹ ਸਦਾ ਪ੍ਰਭੂ ਦੀ ਹਜ਼ੂਰੀ ਵਿਚ ਵੱਸਦੇ ਹਨ।
12521	278	ਜਿਉ ਜਲ ਮਹਿ ਜਲੁ ਆਇ ਖਟਾਨਾ॥	ਖਟੱਾਨਾ	Jio Jal Mehi Jal Aae Khattaanaa ||	As water comes to blend with water,	(ਸੋ) ਜਿਵੇਂ ਪਾਣੀ ਵਿਚ ਪਾਣੀ ਆ ਰਲਦਾ ਹੈ,
12522	278	ਤਿਉ ਜੋਤੀ ਸੰਗਿ ਜੋਤਿ ਸਮਾਨਾ॥		Thio Jothee Sang Joth Samaanaa ||	His light blends into the Light.	ਤਿਵੇਂ (ਸਤਸੰਗ ਵਿਚ ਟਿਕੇ ਹੋਏ ਦੀ) ਆਤਮਾ ਪ੍ਰਭੂ ਦੀ ਜੋਤਿ ਵਿਚ ਲੀਨ ਹੋ ਜਾਂਦੀ ਹੈ;
12523	278	ਮਿਟਿ ਗਏ ਗਵਨ ਪਾਏ ਬਿਸ੍ਰਾਮ॥		Mitt Geae Gavan Paaeae Bisraam ||	Reincarnation is ended, and eternal peace is found.	ਉਸ ਦੇ (ਜਨਮ ਮਰਨ ਦੇ) ਫੇਰੇ ਮੁੱਕ ਜਾਂਦੇ ਹਨ, (ਪ੍ਰਭੂ-ਚਰਨਾਂ ਵਿਚ) ਉਸ ਨੂੰ ਟਿਕਾਣਾ ਮਿਲ ਜਾਂਦਾ ਹੈ।
12524	278	ਨਾਨਕ ਪ੍ਰਭ ਕੈ ਸਦ ਕੁਰਬਾਨ॥੮॥੧੧॥		Naanak Prabh Kai Sadh Kurabaan ||8||11||	Nanak is forever a sacrifice to God. ||8||11||	ਹੇ ਨਾਨਕ! ਪ੍ਰਭੂ ਤੋਂ ਸਦਕੇ ਜਾਈਏ ॥੮॥੧੧॥
12525	278	ਸਲੋਕੁ॥		Salok ||	Shalok:	

12526	278	ਸੁਖੀ ਬਸੈ ਮਸਕੀਨੀਆ ਆਪੁ ਨਿਵਾਰਿ ਤਲੇ॥		Sukhee Basai Masakeeneeaa Aap Nivaar Thalae ||	The humble beings abide in peace; subduing egotism, they are meek.	ਗਰੀਬੀ ਸੁਭਾਉ ਵਾਲਾ ਬੰਦਾ ਆਪਾ-ਭਾਵ ਦੂਰ ਕਰ ਕੇ, ਤੇ ਨੀਵਾਂ ਰਹਿ ਕੇ ਸੁਖੀ ਵੱਸਦਾ ਹੈ,
12527	278	ਬਡੇ ਬਡੇ ਅਹੰਕਾਰੀਆ ਨਾਨਕ ਗਰਬਿ ਗਲੇ॥੧॥	ਤਲੇ ਗਲ਼ੇ: ਪੋਲੇ ਬੋਲੋ। ਅਹੰ-ਕਾਰੀਆ	Baddae Baddae Ahankaareeaa Naanak Garab Galae ||1||	The very proud and arrogant persons, O Nanak, are consumed by their own pride. ||1||	(ਪਰ) ਵੱਡੇ ਵੱਡੇ ਅਹੰਕਾਰੀ ਮਨੁੱਖ, ਹੇ ਨਾਨਕ! ਅਹੰਕਾਰ ਵਿਚ ਹੀ ਗਲ ਜਾਂਦੇ ਹਨ ॥੧॥
12528	278	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	
12529	278	ਜਿਸ ਕੈ ਅੰਤਰਿ ਰਾਜ ਅਭਿਮਾਨੁ॥		Jis Kai Anthar Raaj Abhimaan ||	One who has the pride of power within,	ਜਿਸ ਮਨੁੱਖ ਦੇ ਮਨ ਵਿਚ ਰਾਜ ਦਾ ਮਾਣ ਹੈ,
12530	278	ਸੋ ਨਰਕ ਪਾਤੀ ਹੋਵਤ ਸੁਆਨੁ॥	(ਪਾਤੀ) ਨਰਕ ਚ ਡਿੱਗਣ ਵਾਲਾ। (ਸੁਆਨੁ) ਕੁੱਤਾ	So Narakapaathee Hovath Suaan ||	Shall dwell in hell, and become a dog.	ਉਹ ਕੁੱਤਾ ਨਰਕ ਵਿਚ ਪੈਣ ਦਾ ਸਜ਼ਾਵਾਰ ਹੁੰਦਾ ਹੈ।
12531	278	ਜੋ ਜਾਨੈ ਮੈ ਜੋਬਨਵੰਤੁ॥		Jo Jaanai Mai Jobanavanth ||	One who deems himself to have the beauty of youth,	ਜੋ ਮਨੁੱਖ ਆਪਣੇ ਆਪ ਨੂੰ ਬੜਾ ਸੋਹਣਾ ਸਮਝਦਾ ਹੈ,
12532	278	ਸੋ ਹੋਵਤ ਬਿਸਟਾ ਕਾ ਜੰਤੁ॥		So Hovath Bisattaa Kaa Janth ||	Shall become a maggot in manure.	ਉਹ ਵਿਸ਼ਟਾ ਦਾ ਹੀ ਕੀੜਾ ਹੁੰਦਾ ਹੈ (ਕਿਉਂਕਿ ਸਦਾ ਵਿਸ਼ੇ-ਵਿਕਾਰਾਂ ਦੇ ਗੰਦ ਵਿਚ ਪਿਆ ਰਹਿੰਦਾ ਹੈ)।

12533	278	ਆਪਸ ਕਉ ਕਰਮਵੰਤੁ ਕਹਾਵੈ॥		Aapas Ko Karamavanth Kehaavai ||	One who claims to act virtuously,	ਜੇਹੜਾ ਆਪਣੇ ਆਪ ਨੂੰ ਚੰਗੇ ਕੰਮ ਕਰਨ ਵਾਲਾ ਅਖਵਾਉਂਦਾ ਹੈ,
12534	278	ਜਨਮਿ ਮਰੈ ਬਹੁ ਜੋਨਿ ਭ੍ਰਮਾਵੈ॥		Janam Marai Bahu Jon Bhramaavai ||	Shall live and die, wandering through countless reincarnations.	ਉਹ ਸਦਾ ਜੰਮਦਾ ਮਰਦਾ ਹੈ, ਕਈ ਜੂਨਾਂ ਵਿਚ ਭਟਕਦਾ ਫਿਰਦਾ ਹੈ।
12535	278	ਧਨ ਭੂਮਿ ਕਾ ਜੋ ਕਰੈ ਗੁਮਾਨੁ॥		Dhhan Bhoom Kaa Jo Karai Gumaan ||	One who takes pride in wealth and lands	ਜੋ ਮਨੁੱਖ ਧਨ ਤੇ ਧਰਤੀ (ਦੀ ਮਾਲਕੀ) ਦਾ ਅਹੰਕਾਰ ਕਰਦਾ ਹੈ,
12536	278	ਸੋ ਮੂਰਖੁ ਅੰਧਾ ਅਗਿਆਨੁ॥		So Moorakh Andhhaa Agiaan ||	Is a fool, blind and ignorant.	ਉਹ ਮੂਰਖ ਹੈ, ਅੰਨ੍ਹਾ ਹੈ, ਬੜਾ ਜਾਹਿਲ ਹੈ।
12537	278	ਕਰਿ ਕਿਰਪਾ ਜਿਸ ਕੈ ਹਿਰਦੈ ਗਰੀਬੀ ਬਸਾਵੈ॥		Kar Kirapaa Jis Kai Hiradhai Gareebee Basaavai ||	One whose heart is mercifully blessed with abiding humility,	ਮੇਹਰ ਕਰ ਕੇ ਜਿਸ ਮਨੁੱਖ ਦੇ ਦਿਲ ਵਿਚ ਗਰੀਬੀ (ਸੁਭਾਉ) ਪਾਂਦਾ ਹੈ,
12538	278	ਨਾਨਕ ਈਹਾ ਮੁਕਤੁ ਆਗੈ ਸੁਖੁ ਪਾਵੈ॥੧॥		Naanak Eehaa Mukath Aagai Sukh Paavai ||1||	O Nanak, is liberated here, and obtains peace hereafter. ||1||	ਹੇ ਨਾਨਕ! (ਉਹ ਮਨੁੱਖ) ਇਸ ਜ਼ਿੰਦਗੀ ਵਿਚ ਵਿਕਾਰਾਂ ਤੋਂ ਬਚਿਆ ਰਹਿੰਦਾ ਹੈ ਤੇ ਪਰਲੋਕ ਵਿਚ ਸੁਖ ਪਾਂਦਾ ਹੈ ॥੧॥
12539	278	ਧਨਵੰਤਾ ਹੋਇ ਕਰਿ ਗਰਬਾਵੈ॥		Dhhanavanthaa Hoe Kar Garabaavai ||	One who becomes wealthy and takes pride in it	ਮਨੁੱਖ ਧਨ ਵਾਲਾ ਹੋ ਕੇ ਮਾਣ ਕਰਦਾ ਹੈ,

12540	278	ਤ੍ਰਿਣ ਸਮਾਨਿ ਕਛੁ ਸੰਗਿ ਨ ਜਾਵੈ॥		Thrin Samaan Kashh Sang N Jaavai ||	Not even a piece of straw shall go along with him.	(ਪਰ ਉਸ ਦੇ) ਨਾਲ (ਅੰਤ ਵੇਲੇ) ਇਕ ਤੀਲੇ ਜਿਤਨੀ ਭੀ ਕੋਈ ਚੀਜ਼ ਨਹੀਂ ਜਾਂਦੀ।
12541	278	ਬਹੁ ਲਸਕਰ ਮਾਨੁਖ ਊਪਰਿ ਕਰੇ ਆਸ॥		Bahu Lasakar Maanukh Oopar Karae Aas ||	He may place his hopes on a large army of men,	ਬਹੁਤੇ ਲਸ਼ਕਰ ਅਤੇ ਮਨੁੱਖਾਂ ਉਤੇ ਬੰਦਾ ਆਸਾਂ ਲਾਈ ਰੱਖਦਾ ਹੈ,
12542	278	ਪਲ ਭੀਤਰਿ ਤਾ ਕਾ ਹੋਇ ਬਿਨਾਸ॥		Pal Bheethar Thaa Kaa Hoe Binaas ||	But he shall vanish in an instant.	(ਪਰ) ਪਲਕ ਵਿਚ ਉਸ ਦਾ ਨਾਸ ਹੋ ਜਾਂਦਾ ਹੈ (ਤੇ ਉਹਨਾਂ ਵਿਚੋਂ ਕੋਈ ਭੀ ਸਹਾਈ ਨਹੀਂ ਹੁੰਦਾ)।
12543	278	ਸਭ ਤੇ ਆਪ ਜਾਨੈ ਬਲਵੰਤੁ॥		Sabh Thae Aap Jaanai Balavanth ||	One who deems himself to be the strongest of all,	ਮਨੁੱਖ ਆਪਣੇ ਆਪ ਨੂੰ ਸਭ ਨਾਲੋਂ ਬਲੀ ਸਮਝਦਾ ਹੈ,
12544	278	ਖਿਨ ਮਹਿ ਹੋਇ ਜਾਇ ਭਸਮੰਤੁ॥		Khin Mehi Hoe Jaae Bhasamanth ||	In an instant, shall be reduced to ashes.	(ਪਰ ਅੰਤ ਵੇਲੇ) ਇਕ ਖਿਣ ਵਿਚ (ਸੜ ਕੇ) ਸੁਆਹ ਹੋ ਜਾਂਦਾ ਹੈ।
12545	278	ਕਿਸੈ ਨ ਬਦੈ ਆਪਿ ਅਹੰਕਾਰੀ॥	ਬਦੈ: ਪੋਲਾ ਬੋਲੋ	Kisai N Badhai Aap Ahankaaree ||	One who thinks of no one else except his own prideful self	(ਜੋ ਬੰਦਾ) ਆਪ (ਇਤਨਾ) ਅਹੰਕਾਰੀ ਹੋ ਜਾਂਦਾ ਹੈ ਕਿ ਕਿਸੇ ਦੀ ਭੀ ਪਰਵਾਹ ਨਹੀਂ ਕਰਦਾ,
12546	278	ਧਰਮਰਾਇ ਤਿਸੁ ਕਰੇ ਖੁਆਰੀ॥		Dhharam Raae This Karae Khuaaree ||	The Righteous Judge of Dharma shall expose his disgrace.	ਧਰਮਰਾਜ (ਅੰਤ ਵੇਲੇ) ਉਸ ਦੀ ਮਿੱਟੀ ਪਲੀਤ ਕਰਦਾ ਹੈ।

12547	278	ਗੁਰ ਪ੍ਰਸਾਦਿ ਜਾ ਕਾ ਮਿਟੈ ਅਭਿਮਾਨੁ॥		Gur Prasaadh Jaa Kaa Mittai Abhimaan ||	One who, by Guru's Grace, eliminates his ego,	ਸਤਿਗੁਰੂ ਦੀ ਦਇਆ ਨਾਲ ਜਿਸ ਦਾ ਅਹੰਕਾਰ ਮਿਟਦਾ ਹੈ,
12548	278	ਸੋ ਜਨੁ ਨਾਨਕ ਦਰਗਹ ਪਰਵਾਨੁ॥੨॥		So Jan Naanak Dharageh Paravaan ||2||	O Nanak, becomes acceptable in the Court of the Lord. ||2||	ਉਹ ਮਨੁੱਖ, ਹੇ ਨਾਨਕ! ਪ੍ਰਭੂ ਦੀ ਦਰਗਾਹ ਵਿਚ ਕਬੂਲ ਹੁੰਦਾ ਹੈ ॥੨॥
12549	278	ਕੋਟਿ ਕਰਮ ਕਰੈ ਹਉ ਧਾਰੇ॥		Kott Karam Karai Ho Dhaarae ||	If someone does millions of good deeds, while acting in ego,	(ਜੇ ਮਨੁੱਖ) ਕਰੋੜਾਂ (ਧਾਰਮਿਕ) ਕੰਮ ਕਰੇ (ਤੇ ਉਹਨਾਂ ਦਾ) ਅਹੰਕਾਰ (ਭੀ) ਕਰੇ,
12550	278	ਸ੍ਰਮੁ ਪਾਵੈ ਸਗਲੇ ਬਿਰਥਾਰੇ॥		Sram Paavai Sagalae Birathhaarae ||	He shall incur only trouble; all this is in vain.	ਤਾਂ ਉਹ ਸਾਰੇ ਕੰਮ ਵਿਅਰਥ ਹਨ, (ਉਹਨਾਂ ਕੰਮਾਂ ਦਾ ਫਲ ਉਸ ਨੂੰ ਕੇਵਲ) ਥਕੇਵਾਂ (ਹੀ) ਮਿਲਦਾ ਹੈ।
12551	278	ਅਨਿਕ ਤਪਸਿਆ ਕਰੇ ਅਹੰਕਾਰ॥	ਤਪੱਸਿਆ	Anik Thapasiaa Karae Ahankaar ||	If someone performs great penance, while acting in selfishness and conceit,	ਅਨੇਕਾਂ ਤਪ ਦੇ ਸਾਧਨ ਕਰ ਕੇ ਜੇ ਇਹਨਾਂ ਦਾ ਮਾਣ ਕਰੇ,
12552	278	ਨਰਕ ਸੁਰਗ ਫਿਰਿ ਫਿਰਿ ਅਵਤਾਰ॥		Narak Surag Fir Fir Avathaar ||	He shall be reincarnated into heaven and hell, over and over again.	(ਤਾਂ ਉਹ ਭੀ) ਨਰਕਾਂ ਸੁਰਗਾਂ ਵਿਚ ਹੀ ਮੁੜ ਮੁੜ ਜੰਮਦਾ ਹੈ (ਭਾਵ, ਕਦੇ ਸੁਖ ਤੇ ਕਦੇ ਦੁਖ ਭੋਗਦਾ ਹੈ)।

12553	278	ਅਨਿਕ ਜਤਨ ਕਰਿ ਆਤਮ ਨਹੀ ਦ੍ਰਵੈ॥		Anik Jathan Kar Aatham Nehee Dhravai ||	He makes all sorts of efforts, but his soul is still not softened	ਅਨੇਕਾਂ ਜਤਨ ਕੀਤਿਆਂ ਜੇ ਹਿਰਦਾ ਨਰਮ ਨਹੀਂ ਹੁੰਦਾ ਤਾਂ ਦੱਸੋ,
12554	278	ਹਰਿ ਦਰਗਹ ਕਹੁ ਕੈਸੇ ਗਵੈ॥		Har Dharageh Kahu Kaisae Gavai ||	How can he go to the Court of the Lord?	ਉਹ ਮਨੁੱਖ ਪ੍ਰਭੂ ਦੀ ਦਰਗਾਹ ਵਿਚ ਕਿਵੇਂ ਪਹੁੰਚ ਸਕਦਾ ਹੈ?
12555	278	ਆਪਸ ਕਉ ਜੋ ਭਲਾ ਕਹਾਵੈ॥		Aapas Ko Jo Bhalaa Kehaavai ||	One who calls himself good	ਜੋ ਮਨੁੱਖ ਆਪਣੇ ਆਪ ਨੂੰ ਨੇਕ ਅਖਵਾਉਂਦਾ ਹੈ,
12556	278	ਤਿਸਹਿ ਭਲਾਈ ਨਿਕਟਿ ਨ ਆਵੈ॥	ਤਿਸ-ਹਿ	Thisehi Bhalaaee Nikatt N Aavai ||	Goodness shall not draw near him.	ਨੇਕੀ ਉਸ ਦੇ ਨੇੜੇ ਭੀ ਨਹੀਂ ਢੁੱਕਦੀ।
12557	278	ਸਰਬ ਕੀ ਰੇਨ ਜਾ ਕਾ ਮਨੁ ਹੋਇ॥		Sarab Kee Raen Jaa Kaa Man Hoe ||	One whose mind is the dust of all	ਜਿਸ ਮਨੁੱਖ ਦਾ ਮਨ ਸਭਨਾਂ ਦੇ ਚਰਨਾਂ ਦੀ ਧੂੜ ਹੋ ਜਾਂਦਾ ਹੈ,
12558	278	ਕਹੁ ਨਾਨਕ ਤਾ ਕੀ ਨਿਰਮਲ ਸੋਇ॥੩॥		Kahu Naanak Thaa Kee Niramal Soe ||3||	- says Nanak, his reputation is spotlessly pure. ||3||	ਆਖ, ਹੇ ਨਾਨਕ! ਉਸ ਮਨੁੱਖ ਦੀ ਸੋਹਣੀ ਸੋਭਾ ਖਿਲਰਦੀ ਹੈ ॥੩॥
12559	278	ਜਬ ਲਗੁ ਜਾਨੈ ਮੁਝ ਤੇ ਕਛੁ ਹੋਇ॥	ਲੱਗੁ	Jab Lag Jaanai Mujh Thae Kashh Hoe ||	As long as someone thinks that he is the one who acts,	ਮਨੁੱਖ ਜਦ ਤਕ ਇਹ ਸਮਝਦਾ ਹੈ ਕਿ ਮੈਥੋਂ ਕੁਝ ਹੋ ਸਕਦਾ ਹੈ,
12560	278	ਤਬ ਇਸ ਕਉ ਸੁਖੁ ਨਾਹੀ ਕੋਇ॥		Thab Eis Ko Sukh Naahee Koe ||	He shall have no peace.	ਤਦ ਤਾਈਂ ਇਸ ਨੂੰ ਕੋਈ ਸੁਖ ਨਹੀਂ ਹੁੰਦਾ।

12561	278	ਜਬ ਇਹ ਜਾਨੈ ਮੈ ਕਿਛੁ ਕਰਤਾ॥		Jab Eih Jaanai Mai Kishh Karathaa ||	As long as this mortal thinks that he is the one who does things,	ਜਦ ਤਕ ਇਹ ਸਮਝਦਾ ਹੈ ਕਿ ਮੈਂ (ਆਪਣੇ ਬਲ ਨਾਲ) ਕੁਝ ਕਰਦਾ ਹਾਂ,
12562	278	ਤਬ ਲਗੁ ਗਰਭ ਜੋਨਿ ਮਹਿ ਫਿਰਤਾ॥	ਲੱਗੁ	Thab Lag Garabh Jon Mehi Firathaa ||	He shall wander in reincarnation through the womb.	ਤਦ ਤਕ (ਵੱਖਰਾ-ਪਨ ਦੇ ਕਾਰਣ) ਜੂਨਾਂ ਵਿਚ ਪਿਆ ਰਹਿੰਦਾ ਹੈ।
12563	278	ਜਬ ਧਾਰੈ ਕੋਊ ਬੈਰੀ ਮੀਤੁ॥		Jab Dhhaarai Kooo Bairee Meeth ||	As long as he considers one an enemy, and another a friend,	ਜਦ ਤਕ ਮਨੁੱਖ ਕਿਸੇ ਨੂੰ ਵੈਰੀ ਤੇ ਕਿਸੇ ਨੂੰ ਮਿਤ੍ਰ ਸਮਝਦਾ ਹੈ,
12564	278	ਤਬ ਲਗੁ ਨਿਹਚਲੁ ਨਾਹੀ ਚੀਤੁ॥	ਲੱਗੁ	Thab Lag Nihachal Naahee Cheeth ||	His mind shall not come to rest.	ਤਦ ਤਕ ਇਸ ਦਾ ਮਨ ਟਿਕਾਣੇ ਨਹੀਂ ਆਉਂਦਾ।
12565	278	ਜਬ ਲਗੁ ਮੋਹ ਮਗਨ ਸੰਗਿ ਮਾਇ॥		Jab Lag Moh Magan Sang Maae ||	As long as he is intoxicated with attachment to Maya,	ਜਦ ਤਕ ਬੰਦਾ ਮਾਇਆ ਦੇ ਮੋਹ ਵਿਚ ਗ਼ਰਕ ਰਹਿੰਦਾ ਹੈ,
12566	278	ਤਬ ਲਗੁ ਧਰਮਰਾਇ ਦੇਇ ਸਜਾਇ॥		Thab Lag Dhharam Raae Dhaee Sajaae ||	The Righteous Judge shall punish him.	ਤਦ ਤਕ ਇਸ ਨੂੰ ਧਰਮ-ਰਾਜ ਡੰਡ ਦੇਂਦਾ ਹੈ।
12567	278	ਪ੍ਰਭ ਕਿਰਪਾ ਤੇ ਬੰਧਨ ਤੂਟੈ॥		Prabh Kirapaa Thae Bandhhan Thoottai ||	By God's Grace, his bonds are shattered;	(ਮਾਇਆ ਦੇ) ਬੰਧਨ ਪ੍ਰਭੂ ਦੀ ਮੇਹਰ ਨਾਲ ਟੁੱਟਦੇ ਹਨ,

12568	278	ਗੁਰ ਪ੍ਰਸਾਦਿ ਨਾਨਕ ਹਉ ਛੂਟੈ॥੪॥		Gur Prasaadh Naanak Ho Shhoottai ||4||	By Guru's Grace, O Nanak, his ego is eliminated. ||4||	ਹੇ ਨਾਨਕ! ਮਨੁੱਖ ਦੀ ਹਉਮੈ ਗੁਰੂ ਦੀ ਕਿਰਪਾ ਨਾਲ ਮੁੱਕਦੀ ਹੈ ॥੪॥
12569	278	ਸਹਸ ਖਟੇ ਲਖ ਕਉ ਉਠਿ ਧਾਵੈ॥	ਸਹ-ਸ।ਖੱਟੇ। ਲੱਖ। ਉੱਠਿ	Sehas Khattae Lakh Ko Outh Dhhaavai ||	Earning a thousand, he runs after a hundred thousand.	(ਮਨੁੱਖ) ਹਜ਼ਾਰਾਂ (ਰੁਪਏ) ਕਮਾਉਂਦਾ ਹੈ ਤੇ ਲੱਖਾਂ (ਰੁਪਇਆਂ) ਦੀ ਖ਼ਾਤਰ ਉੱਠ ਦੌੜਦਾ ਹੈ;
12570	279	ਤ੍ਰਿਪਤਿ ਨ ਆਵੈ ਮਾਇਆ ਪਾਛੈ ਪਾਵੈ॥		Thripath N Aavai Maaeiaa Paashhai Paavai ||	Satisfaction is not obtained by chasing after Maya.	ਮਾਇਆ ਜਮ੍ਹਾ ਕਰੀ ਜਾਂਦਾ ਹੈ, (ਪਰ) ਰੱਜਦਾ ਨਹੀਂ।
12571	279	ਅਨਿਕ ਭੋਗ ਬਿਖਿਆ ਕੇ ਕਰੈ॥		Anik Bhog Bikhiaa Kae Karai ||	He may enjoy all sorts of corrupt pleasures,	ਮਾਇਆ ਦੀਆਂ ਅਨੇਕਾਂ ਮੌਜਾਂ ਮਾਣਦਾ ਹੈ,
12572	279	ਨਹ ਤ੍ਰਿਪਤਾਵੈ ਖਪਿ ਖਪਿ ਮਰੈ॥	ਖਪਿ ਖਪਿ: ਪੋਲੇ ਬੋਲੋ	Neh Thripathaavai Khap Khap Marai ||	But he is still not satisfied; he indulges again and again, wearing himself out, until he dies.	ਤਸੱਲੀ ਨਹੀਂ ਸੁ ਹੁੰਦੀ, (ਭੋਗਾਂ ਦੇ ਮਗਰ ਹੋਰ ਭੱਜਦਾ ਹੈ ਤੇ) ਬੜਾ ਦੁੱਖੀ ਹੁੰਦਾ ਹੈ।
12573	279	ਬਿਨਾ ਸੰਤੋਖ ਨਹੀ ਕੋਊ ਰਾਜੈ॥	ਰੱਾਜੈ	Binaa Santhokh Nehee Kooo Raajai ||	Without contentment, no one is satisfied.	ਜੇ ਅੰਦਰ ਸੰਤੋਖ ਨਾਹ ਹੋਵੇ, ਤਾਂ ਕੋਈ (ਮਨੁੱਖ) ਰੱਜਦਾ ਨਹੀਂ,
12574	279	ਸੁਪਨ ਮਨੋਰਥ ਬ੍ਰਿਥੇ ਸਭ ਕਾਜੈ॥	ਕੱਾਜੈ	Supan Manorathh Brithhae Sabh Kaajai ||	Like the objects in a dream, all his efforts are in vain.	ਜਿਵੇਂ ਸੁਫ਼ਨਿਆਂ ਤੋਂ ਕੋਈ ਲਾਭ ਨਹੀਂ ਹੁੰਦਾ, ਤਿਵੇਂ (ਸੰਤੋਖ-ਹੀਣ ਮਨੁੱਖ ਦੇ) ਸਾਰੇ ਕੰਮ ਤੇ ਖ਼ਾਹਸ਼ਾਂ ਵਿਅਰਥ ਹਨ।

12575	279	ਨਾਮ ਰੰਗਿ ਸਰਬ ਸੁਖੁ ਹੋਇ॥		Naam Rang Sarab Sukh Hoe ||	Through the love of the Naam, all peace is obtained.	ਪ੍ਰਭੂ ਦੇ ਨਾਮ ਦੀ ਮੌਜ ਵਿਚ (ਹੀ) ਸਾਰਾ ਸੁਖ ਹੈ,
12576	279	ਬਡਭਾਗੀ ਕਿਸੈ ਪਰਾਪਤਿ ਹੋਇ॥		Baddabhaagee Kisai Paraapath Hoe ||	Only a few obtain this, by great good fortune.	(ਅਤੇ ਇਹ ਸੁਖ) ਕਿਸੇ ਵੱਡੇ ਭਾਗਾਂ ਵਾਲੇ ਨੂੰ ਮਿਲਦਾ ਹੈ।
12577	279	ਕਰਨ ਕਰਾਵਨ ਆਪੇ ਆਪਿ॥		Karan Karaavan Aapae Aap ||	He Himself is Himself the Cause of causes.	(ਜੋ) ਪ੍ਰਭੂ ਆਪ ਹੀ ਸਭ ਕੁਝ ਕਰਨ ਦੇ ਤੇ (ਜੀਵਾਂ ਪਾਸੋਂ) ਕਰਾਉਣ ਦੇ ਸਮਰੱਥ ਹੈ,
12578	279	ਸਦਾ ਸਦਾ ਨਾਨਕ ਹਰਿ ਜਾਪਿ॥੫॥		Sadhaa Sadhaa Naanak Har Jaap ||5||	Forever and ever, O Nanak, chant the Lord's Name. ||5||	ਹੇ ਨਾਨਕ! ਉਸ ਪ੍ਰਭੂ ਨੂੰ ਸਦਾ ਸਿਮਰ ॥੫॥
12579	279	ਕਰਨ ਕਰਾਵਨ ਕਰਨੈਹਾਰੁ॥		Karan Karaavan Karanaihaar ||	The Doer, the Cause of causes, is the Creator Lord.	ਪ੍ਰਭੂ ਆਪ ਹੀ ਸਭ ਕੁਝ ਕਰਨ ਜੋਗਾ ਹੈ ਤੇ (ਜੀਵਾਂ ਪਾਸੋਂ) ਕਰਾਉਣ ਜੋਗਾ ਹੈ।
12580	279	ਇਸ ਕੈ ਹਾਥਿ ਕਹਾ ਬੀਚਾਰੁ॥	(ਕਹਾਂ) ਕਿਥੇ ਹੈ	Eis Kai Haathh Kehaa Beechaar ||	What deliberations are in the hands of mortal beings?	ਵਿਚਾਰ ਕੇ ਵੇਖ ਲੈ, ਇਸ ਜੀਵ ਦੇ ਹੱਥ ਕੁਝ ਭੀ ਨਹੀਂ ਹੈ।
12581	279	ਜੈਸੀ ਦ੍ਰਿਸਟਿ ਕਰੇ ਤੈਸਾ ਹੋਇ॥		Jaisee Dhrisatt Karae Thaisaa Hoe ||	As God casts His Glance of Grace, they come to be.	ਪ੍ਰਭੂ ਜਿਹੋ ਜਿਹੀ ਨਜ਼ਰ (ਬੰਦੇ ਵਲ) ਕਰਦਾ ਹੈ (ਬੰਦਾ) ਉਹੋ ਜਿਹਾ ਬਣ ਜਾਂਦਾ ਹੈ,
12582	279	ਆਪੇ ਆਪਿ ਆਪਿ ਪ੍ਰਭੁ ਸੋਇ॥		Aapae Aap Aap Prabh Soe ||	God Himself, of Himself, is unto Himself.	ਉਹ ਪ੍ਰਭੂ ਆਪ ਹੀ ਆਪ ਹੈ।
12583	279	ਜੋ ਕਿਛੁ ਕੀਨੋ ਸੁ ਅਪਨੈ ਰੰਗਿ॥		Jo Kishh Keeno S Apanai Rang ||	Whatever He created, was by His Own Pleasure.	ਜੋ ਕੁਝ ਉਸ ਬਣਾਇਆ ਹੈ ਆਪਣੀ ਮੌਜ ਵਿਚ ਬਣਾਇਆ ਹੈ;

12584	279	ਸਭ ਤੇ ਦੂਰਿ ਸਭਹੂ ਕੈ ਸੰਗਿ॥		Sabh Thae Dhoor Sabhehoo Kai Sang ||	He is far from all, and yet with all.	ਸਭ ਜੀਵਾਂ ਦੇ ਅੰਗ-ਸੰਗ ਭੀ ਹੈ ਤੇ ਸਭ ਤੋਂ ਵੱਖਰਾ ਭੀ ਹੈ।
12585	279	ਬੂਝੈ ਦੇਖੈ ਕਰੈ ਬਿਬੇਕ॥	ਬੂੱਝੈ	Boojhai Dhaekhai Karai Bibaek ||	He understands, He sees, and He passes judgment.	ਪ੍ਰਭੂ ਸਭ ਕੁਝ ਸਮਝਦਾ ਹੈ, ਵੇਖਦਾ ਹੈ ਤੇ ਪਛਾਣਦਾ ਹੈ,
12586	279	ਆਪਹਿ ਏਕ ਆਪਹਿ ਅਨੇਕ॥		Aapehi Eaek Aapehi Anaek ||	He Himself is the One, and He Himself is the many.	ਉਹ ਆਪ ਹੀ ਇੱਕ ਹੈ ਤੇ ਆਪ ਹੀ ਅਨੇਕ (ਰੂਪ) ਧਾਰ ਰਿਹਾ ਹੈ।
12587	279	ਮਰੈ ਨ ਬਿਨਸੈ ਆਵੈ ਨ ਜਾਇ॥		Marai N Binasai Aavai N Jaae ||	He does not die or perish; He does not come or go.	ਉਹ ਨਾਹ ਕਦੇ ਮਰਦਾ ਹੈ ਨ ਬਿਨਸਦਾ ਹੈ; ਨਾਹ ਜੰਮਦਾ ਹੈ ਨ ਮਰਦਾ ਹੈ;
12588	279	ਨਾਨਕ ਸਦ ਹੀ ਰਹਿਆ ਸਮਾਇ॥੬॥	ਸਦ: ਪੋਲਾ ਬੋਲੋ	Naanak Sadh Hee Rehiaa Samaae ||6||	O Nanak, He remains forever All-pervading. ||6||	ਹੇ ਨਾਨਕ! ਪ੍ਰਭੂ ਸਦਾ ਹੀ ਆਪਣੇ ਆਪ ਵਿਚ ਟਿਕਿਆ ਰਹਿੰਦਾ ਹੈ ॥੬॥
12589	279	ਆਪਿ ਉਪਦੇਸੈ ਸਮਝੈ ਆਪਿ॥		Aap Oupadhaesai Samajhai Aap ||	He Himself instructs, and He Himself learns.	ਆਪ ਹੀ ਸਿੱਖਿਆ ਦੇਂਦਾ ਹੈ ਤੇ ਆਪ ਹੀ (ਉਸ ਸਿੱਖਿਆ ਨੂੰ) ਸਮਝਦਾ ਹੈ,
12590	279	ਆਪੇ ਰਚਿਆ ਸਭ ਕੈ ਸਾਥਿ॥		Aapae Rachiaa Sabh Kai Saathh ||	He Himself mingles with all.	ਕਿਉਂਕਿ ਪ੍ਰਭੂ ਆਪ ਹੀ ਸਭ ਜੀਵਾਂ ਦੇ ਨਾਲ ਮਿਲਿਆ ਹੋਇਆ ਹੈ।
12591	279	ਆਪਿ ਕੀਨੋ ਆਪਨ ਬਿਸਥਾਰੁ॥		Aap Keeno Aapan Bisathhaar ||	He Himself created His own expanse.	ਆਪਣਾ ਖਿਲਾਰਾ ਉਸ ਨੇ ਆਪ ਹੀ ਬਣਾਇਆ ਹੈ,
12592	279	ਸਭੁ ਕਛੁ ਉਸ ਕਾ ਓਹੁ ਕਰਨੈਹਾਰੁ॥		Sabh Kashh Ous Kaa Ouhu Karanaihaar ||	All things are His; He is the Creator.	(ਜਗਤ ਦੀ) ਹਰੇਕ ਸ਼ੈ ਉਸ ਦੀ ਬਣਾਈ ਹੋਈ ਹੈ, ਉਹ ਬਨਾਉਣ ਜੋਗਾ ਹੈ।

12593	279	ਉਸ ਤੇ ਭਿੰਨ ਕਹਹੁ ਕਿਛੁ ਹੋਇ॥	ਕਹ-ਹੁ	Ous Thae Bhinn Kehahu Kishh Hoe ||	Without Him, what could be done?	ਦੱਸੋ, ਉਸ ਤੋਂ ਵੱਖਰਾ ਕੁਝ ਹੋ ਸਕਦਾ ਹੈ?
12594	279	ਥਾਨ ਥਨੰਤਰਿ ਏਕੈ ਸੋਇ॥		Thhaan Thhananthar Eaekai Soe ||	In the spaces and interspaces, He is the One.	ਹਰ ਥਾਂ ਉਹ ਪ੍ਰਭੂ ਆਪ ਹੀ (ਮੌਜੂਦ) ਹੈ।
12595	279	ਅਪੁਨੇ ਚਲਿਤ ਆਪਿ ਕਰਣੈਹਾਰ॥	ਚਲਿ-ਤ: ਪੋਲਾ ਬੋਲੋ ਮਿਲਵਾਂ, ਲੱਲੇ ਸਿਹਾਰੀ ਲਾਉ	Apunae Chalith Aap Karanaihaar ||	In His own play, He Himself is the Actor.	ਆਪਣੇ ਖੇਲ ਆਪ ਹੀ ਕਰਨ ਜੋਗਾ ਹੈ,
12596	279	ਕਉਤਕ ਕਰੈ ਰੰਗ ਆਪਾਰ॥		Kouthak Karai Rang Aapaar ||	He produces His plays with infinite variety.	ਬੇਅੰਤ ਰੰਗਾਂ ਦੇ ਤਮਾਸ਼ੇ ਕਰਦਾ ਹੈ।
12597	279	ਮਨ ਮਹਿ ਆਪਿ ਮਨ ਅਪੁਨੇ ਮਾਹਿ॥		Man Mehi Aap Man Apunae Maahi ||	He Himself is in the mind, and the mind is in Him.	(ਜੀਵਾਂ ਦੇ) ਮਨ ਵਿਚ ਆਪ ਵੱਸ ਰਿਹਾ ਹੈ, (ਜੀਵਾਂ ਨੂੰ) ਆਪਣੇ ਮਨ ਵਿਚ ਟਿਕਾਈ ਬੈਠਾ ਹੈ;
12598	279	ਨਾਨਕ ਕੀਮਤਿ ਕਹਨੁ ਨ ਜਾਇ॥੭॥		Naanak Keemath Kehan N Jaae ||7||	O Nanak, His worth cannot be estimated. ||7||	ਹੇ ਨਾਨਕ! ਉਸ ਦਾ ਮੁੱਲ ਦੱਸਿਆ ਨਹੀਂ ਜਾ ਸਕਦਾ ॥੭॥
12599	279	ਸਤਿ ਸਤਿ ਸਤਿ ਪ੍ਰਭੁ ਸੁਆਮੀ॥	ਸੱਤਿ	Sath Sath Sath Prabh Suaamee ||	True, True, True is God, our Lord and Master.	(ਸਭ ਦਾ) ਮਾਲਕ ਪ੍ਰਭੂ ਸਦਾ ਹੀ ਕਾਇਮ ਰਹਿਣ ਵਾਲਾ ਹੈ-
12600	279	ਗੁਰ ਪਰਸਾਦਿ ਕਿਨੈ ਵਖਿਆਨੀ॥		Gur Parasaadh Kinai Vakhiaanee ||	By Guru's Grace, some speak of Him.	ਗੁਰੂ ਦੀ ਮੇਹਰ ਨਾਲ ਕਿਸੇ ਵਿਰਲੇ ਨੇ (ਇਹ ਗੱਲ) ਦੱਸੀ ਹੈ।

12601	279	ਸਚੁ ਸਚੁ ਸਚੁ ਸਭੁ ਕੀਨਾ॥		Sach Sach Sach Sabh Keenaa ||	True, True, True is the Creator of all.	ਜੋ ਕੁਝ ਉਸ ਨੇ ਬਣਾਇਆ ਹੈ ਉਹ ਭੀ ਮੁਕੰਮਲ ਹੈ (ਭਾਵ, ਅਧੂਰਾ ਨਹੀਂ)
12602	279	ਕੋਟਿ ਮਧੇ ਕਿਨੈ ਬਿਰਲੈ ਚੀਨਾ॥	ਚੀੱਨਾ	Kott Madhhae Kinai Biralai Cheenaa ||	Out of millions, scarcely anyone knows Him.	ਇਹ ਗੱਲ ਕ੍ਰੋੜਾਂ ਵਿਚੋਂ ਕਿਸੇ ਵਿਰਲੇ ਨੇ ਪਛਾਣੀ ਹੈ।
12603	279	ਭਲਾ ਭਲਾ ਭਲਾ ਤੇਰਾ ਰੂਪ॥		Bhalaa Bhalaa Bhalaa Thaeraa Roop ||	Beautiful, Beautiful, Beautiful is Your Sublime Form.	ਤੇਰਾ ਰੂਪ ਕਿਆ ਪਿਆਰਾ ਪਿਆਰਾ ਹੈ!
12604	279	ਅਤਿ ਸੁੰਦਰ ਅਪਾਰ ਅਨੂਪ॥		Ath Sundhar Apaar Anoop ||	You are Exquisitely Beautiful, Infinite and Incomparable.	ਹੇ ਅੱਤ ਸੋਹਣੇ, ਬੇਅੰਤ ਤੇ ਬੇ-ਮਿਸਾਲ ਪ੍ਰਭੂ!
12605	279	ਨਿਰਮਲ ਨਿਰਮਲ ਨਿਰਮਲ ਤੇਰੀ ਬਾਣੀ॥		Niramal Niramal Niramal Thaeree Baanee ||	Pure, Pure, Pure is the Word of Your Bani,	ਤੇਰੀ ਬੋਲੀ ਭੀ ਮਿੱਠੀ ਮਿੱਠੀ ਹੈ,
12606	279	ਘਟਿ ਘਟਿ ਸੁਨੀ ਸ੍ਰਵਨ ਬਖ੍ਯਾਣੀ॥	ਬਖਿਆਣੀ	Ghatt Ghatt Sunee Sravan Bakhyaanee ||	Heard in each and every heart, spoken to the ears.	ਹਰੇਕ ਸਰੀਰ ਵਿਚ ਕੰਨਾਂ ਦੀ ਰਾਹੀਂ ਸੁਣੀ ਜਾ ਰਹੀ ਹੈ, ਤੇ ਜੀਭ ਨਾਲ ਉੱਚਾਰੀ ਜਾ ਰਹੀ ਹੈ (ਭਾਵ, ਹਰੇਕ ਸਰੀਰ ਵਿਚ ਤੂੰ ਆਪ ਹੀ ਬੋਲ ਰਿਹਾ ਹੈਂ)।
12607	279	ਪਵਿਤ੍ਰ ਪਵਿਤ੍ਰ ਪਵਿਤ੍ਰ ਪੁਨੀਤ॥	ਪਵਿੱਤ੍ਰ	Pavithr Pavithr Pavithr Puneeth ||	Holy, Holy, Holy and Sublimely Pure	ਉਹ ਪਵਿਤ੍ਰ ਹੀ ਪਵਿਤ੍ਰ ਹੋ ਜਾਂਦਾ ਹੈ,
12608	279	ਨਾਮੁ ਜਪੈ ਨਾਨਕ ਮਨਿ ਪ੍ਰੀਤਿ॥੮॥੧੨॥		Naam Japai Naanak Man Preeth ||8||12||	- chant the Naam, O Nanak, with heart-felt love. ||8||12||	ਹੇ ਨਾਨਕ! (ਜੋ ਅਜੇਹੇ ਪ੍ਰਭੂ ਦਾ) ਨਾਮ ਪ੍ਰੀਤ ਨਾਲ ਮਨ ਵਿਚ ਜਪਦਾ ਹੈ ॥੮॥੧੨॥

12609	279	ਸਲੋਕੁ॥		Salok ||	Shalok:	
12610	279	ਸੰਤ ਸਰਨਿ ਜੋ ਜਨੁ ਪਰੈ ਸੋ ਜਨੁ ਉਧਰਨਹਾਰ॥	(ਉ-ਧਰਨਹਾਰ) ਹੋਰਨਾਂ ਨੂੰ ਉ-ਧਰਨ ਵਾਲੇ	Santh Saran Jo Jan Parai So Jan Oudhharanehaar ||	One who seeks the Sanctuary of the Saints shall be saved.	ਜੋ ਮਨੁੱਖ ਸੰਤਾਂ ਦੀ ਸਰਨ ਪੈਂਦਾ ਹੈ, ਉਹ ਮਾਇਆ ਦੇ ਬੰਧਨਾਂ ਤੋਂ ਬਚ ਜਾਂਦਾ ਹੈ;
12611	279	ਸੰਤ ਕੀ ਨਿੰਦਾ ਨਾਨਕਾ ਬਹੁਰਿ ਬਹੁਰਿ ਅਵਤਾਰ॥੧॥		Santh Kee Nindhaa Naanakaa Bahur Bahur Avathaar ||1||	One who slanders the Saints, O Nanak, shall be reincarnated over and over again. ||1||	(ਪਰ) ਹੇ ਨਾਨਕ! ਸੰਤਾਂ ਦੀ ਨਿੰਦਿਆ ਕਰਨ ਨਾਲ ਮੁੜ ਮੁੜ ਜੰਮੀਦਾ ਹੈ (ਭਾਵ, ਜਨਮ ਮਰਨ ਦੇ ਚੱਕ੍ਰ ਵਿਚ ਪੈ ਜਾਈਦਾ ਹੈ) ॥੧॥
12612	279	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ।	Asattapadhee ||	Ashtapadee:	
12613	279	ਸੰਤ ਕੈ ਦੂਖਨਿ ਆਰਜਾ ਘਟੈ॥	ਘਟੈ: ਪੋਲਾ ਬੋਲੋ	Santh Kai Dhookhan Aarajaa Ghattai ||	Slandering the Saints, one's life is cut short.	ਸੰਤ ਦੀ ਨਿੰਦਿਆ ਕਰਨ ਨਾਲ (ਮਨੁੱਖ ਦੀ) ਉਮਰ (ਵਿਅਰਥ ਹੀ) ਗੁਜ਼ਰਦੀ ਜਾਂਦੀ ਹੈ,
12614	279	ਸੰਤ ਕੈ ਦੂਖਨਿ ਜਮ ਤੇ ਨਹੀ ਛੁਟੈ॥	ਛੁੱਟੈ	Santh Kai Dhookhan Jam Thae Nehee Shhuttai ||	Slandering the Saints, one shall not escape the Messenger of Death.	(ਕਿਉਂਕਿ) ਸੰਤ ਦੀ ਨਿੰਦਿਆ ਕੀਤਿਆਂ ਮਨੁੱਖ ਜਮਾਂ ਤੋਂ ਬਚ ਨਹੀਂ ਸਕਦਾ।
12615	279	ਸੰਤ ਕੈ ਦੂਖਨਿ ਸੁਖੁ ਸਭੁ ਜਾਇ॥		Santh Kai Dhookhan Sukh Sabh Jaae ||	Slandering the Saints, all happiness vanishes.	ਸੰਤ ਦੀ ਨਿੰਦਿਆ ਕੀਤਿਆਂ ਸਾਰਾ (ਹੀ) ਸੁਖ (ਨਾਸ ਹੋ) ਜਾਂਦਾ ਹੈ,

12616	279	ਸੰਤ ਕੈ ਦੂਖਨਿ ਨਰਕ ਮਹਿ ਪਾਇ॥		Santh Kai Dhookhan Narak Mehi Paae ||	Slandering the Saints, one falls into hell.	ਅਤੇ ਮਨੁੱਖ ਨਰਕ ਵਿਚ (ਭਾਵ, ਘੋਰ ਦੁਖਾਂ ਵਿਚ) ਪੈ ਜਾਂਦਾ ਹੈ।
12617	279	ਸੰਤ ਕੈ ਦੂਖਨਿ ਮਤਿ ਹੋਇ ਮਲੀਨ॥		Santh Kai Dhookhan Math Hoe Maleen ||	Slandering the Saints, the intellect is polluted.	ਸੰਤ ਦੀ ਨਿੰਦਿਆ ਕਰਨ ਨਾਲ (ਮਨੁੱਖ ਦੀ) ਮਤਿ ਮੈਲੀ ਹੋ ਜਾਂਦੀ ਹੈ,
12618	279	ਸੰਤ ਕੈ ਦੂਖਨਿ ਸੋਭਾ ਤੇ ਹੀਨ॥		Santh Kai Dhookhan Sobhaa Thae Heen ||	Slandering the Saints, one's reputation is lost.	ਤੇ (ਜਗਤ ਵਿਚ) ਮਨੁੱਖ ਸੋਭਾ ਤੋਂ ਸੱਖਣਾ ਰਹਿ ਜਾਂਦਾ ਹੈ।
12619	279	ਸੰਤ ਕੇ ਹਤੇ ਕਉ ਰਖੈ ਨ ਕੋਇ॥	ਹਤੇ: ਪੋਲਾ ਬੋਲੋ	Santh Kae Hathae Ko Rakhai N Koe ||	One who is cursed by a Saint cannot be saved.	ਸੰਤ ਦੇ ਫਿਟਕਾਰੇ ਹੋਏ ਬੰਦੇ ਦੀ ਕੋਈ ਮਨੁੱਖ ਸਹੈਤਾ ਨਹੀਂ ਕਰ ਸਕਦਾ,
12620	279	ਸੰਤ ਕੈ ਦੂਖਨਿ ਥਾਨ ਭ੍ਰਸਟੁ ਹੋਇ॥	ਭ੍ਰੱਸਟੁ	Santh Kai Dhookhan Thhaan Bhrasatt Hoe ||	Slandering the Saints, one's place is defiled.	(ਕਿਉਂਕਿ) ਸੰਤ ਦੀ ਨਿੰਦਾ ਕੀਤਿਆਂ (ਨਿੰਦਕ ਦਾ) ਹਿਰਦਾ ਗੰਦਾ ਹੋ ਜਾਂਦਾ ਹੈ।
12621	279	ਸੰਤ ਕ੍ਰਿਪਾਲ ਕ੍ਰਿਪਾ ਜੇ ਕਰੈ॥		Santh Kirapaal Kirapaa Jae Karai ||	But if the Compassionate Saint shows His Kindness,	(ਪਰ) ਜੇ ਕ੍ਰਿਪਾਲ ਸੰਤ ਆਪ ਕਿਰਪਾ ਕਰੇ,
12622	279	ਨਾਨਕ ਸੰਤ ਸੰਗਿ ਨਿੰਦਕੁ ਭੀ ਤਰੈ॥੧॥		Naanak Santhasang Nindhak Bhee Tharai ||1||	O Nanak, in the Company of the Saints, the slanderer may still be saved. ||1||	ਤਾਂ ਹੇ ਨਾਨਕ! ਸੰਤ ਦੀ ਸੰਗਤਿ ਵਿਚ ਨਿੰਦਕ ਭੀ (ਪਾਪਾਂ ਤੋਂ) ਬਚ ਜਾਂਦਾ ਹੈ ॥੧॥

12623	279	ਸੰਤ ਕੈ ਦੂਖਨ ਤੇ ਮੁਖੁ ਭਵੈ॥		Santh Kae Dhookhan Thae Mukh Bhavai ||	Slandering the Saints, one becomes a wry-faced malcontent.	ਸੰਤ ਦੀ ਨਿੰਦਾ ਕਰਨ ਨਾਲ (ਨਿੰਦਕ ਦਾ) ਚੇਹਰਾ ਹੀ ਭ੍ਰਸ਼ਟਿਆ ਜਾਂਦਾ ਹੈ,
12624	279	ਸੰਤਨ ਕੈ ਦੂਖਨਿ ਕਾਗ ਜਿਉ ਲਵੈ॥		Santhan Kai Dhookhan Kaag Jio Lavai ||	Slandering the Saints, one croaks like a raven.	(ਤੇ ਨਿੰਦਕ) (ਥਾਂ ਥਾਂ) ਕਾਂ ਵਾਂਗ ਲਉਂ ਲਉਂ ਕਰਦਾ ਹੈ (ਨਿੰਦਾ ਦੇ ਬਚਨ ਬੋਲਦਾ ਫਿਰਦਾ ਹੈ)।
12625	279	ਸੰਤਨ ਕੈ ਦੂਖਨਿ ਸਰਪ ਜੋਨਿ ਪਾਇ॥		Santhan Kai Dhookhan Sarap Jon Paae ||	Slandering the Saints, one is reincarnated as a snake.	ਸੰਤ ਦੀ ਨਿੰਦਾ ਕੀਤਿਆਂ (ਖੋਟਾ ਸੁਭਾਉ ਬਣ ਜਾਣ ਤੇ) ਮਨੁੱਖ ਸੱਪ ਦੀ ਜੂਨੇ ਜਾ ਪੈਂਦਾ ਹੈ,
12626	279	ਸੰਤ ਕੈ ਦੂਖਨਿ ਤ੍ਰਿਗਦ ਜੋਨਿ ਕਿਰਮਾਇ॥	(ਤ੍ਰਿਗਦ) ਟੇਢੀਆਂ। (ਜੋਨਿ) ਜੂਨਾਂ ਕੀੜੇ ਆਦਿ	Santh Kai Dhookhan Thrigadh Jon Kiramaae ||	Slandering the Saints, one is reincarnated as a wiggling worm.	ਤੇ, ਕਿਰਮ ਆਦਿਕ ਨਿੱਕੀਆਂ ਜੂਨਾਂ ਵਿਚ (ਭਟਕਦਾ ਹੈ)।
12627	279	ਸੰਤਨ ਕੈ ਦੂਖਨਿ ਤ੍ਰਿਸਨਾ ਮਹਿ ਜਲੈ॥		Santhan Kai Dhookhan Thrisanaa Mehi Jalai ||	Slandering the Saints, one burns in the fire of desire.	ਸੰਤ ਦੀ ਨਿੰਦਿਆ ਦੇ ਕਾਰਨ (ਨਿੰਦਕ) ਤ੍ਰਿਸਨਾ (ਦੀ ਅੱਗ) ਵਿਚ ਸੜਦਾ ਭੁੱਜਦਾ ਹੈ,
12628	279	ਸੰਤ ਕੈ ਦੂਖਨਿ ਸਭੁ ਕੋ ਛਲੈ॥	ਛਲੈ: ਪੋਲਾ ਬੋਲੋ	Santh Kai Dhookhan Sabh Ko Shhalai ||	Slandering the Saints, one tries to deceive everyone.	ਤੇ, ਹਰੇਕ ਮਨੁੱਖ ਨੂੰ ਧੋਖਾ ਦੇਂਦਾ ਫਿਰਦਾ ਹੈ।
12629	279	ਸੰਤ ਕੈ ਦੂਖਨਿ ਤੇਜੁ ਸਭੁ ਜਾਇ॥		Santh Kai Dhookhan Thaej Sabh Jaae ||	Slandering the Saints, all one's influence vanishes.	ਸੰਤ ਦੀ ਨਿੰਦਿਆ ਕੀਤਿਆਂ ਮਨੁੱਖ ਦਾ ਸਾਰਾ ਤੇਜ ਪ੍ਰਤਾਪ ਹੀ ਨਸ਼ਟ ਹੋ ਜਾਂਦਾ ਹੈ,
12630	279	ਸੰਤ ਕੈ ਦੂਖਨਿ ਨੀਚੁ ਨੀਚਾਇ॥		Santh Kai Dhookhan Neech Neechaae ||	Slandering the Saints, one becomes the lowest of the low.	ਅਤੇ (ਨਿੰਦਕ) ਮਹਾ ਨੀਚ ਬਣ ਜਾਂਦਾ ਹੈ।

12631	279	ਸੰਤ ਦੋਖੀ ਕਾ ਥਾਉ ਕੋ ਨਾਹਿ॥		Santh Dhokhee Kaa Thhaao Ko Naahi ||	For the slanderer of the Saint, there is no place of rest.	ਸੰਤਾਂ ਦੀ ਨਿੰਦਾ ਕਰਨ ਵਾਲਿਆਂ ਦਾ ਕੋਈ ਆਸਰਾ ਨਹੀਂ ਰਹਿੰਦਾ;
12632	280	ਨਾਨਕ ਸੰਤ ਭਾਵੈ ਤਾ ਓਇ ਭੀ ਗਤਿ ਪਾਹਿ॥੨॥	ਗਤਿ: ਪੋਲਾ ਬੋਲੋ	Naanak Santh Bhaavai Thaa Oue Bhee Gath Paahi ||2||	O Nanak, if it pleases the Saint, even then, he may be saved. ||2||	(ਹਾਂ) ਹੇ ਨਾਨਕ! ਜੇ ਸੰਤਾਂ ਨੂੰ ਭਾਵੇ ਤਾਂ ਉਹ ਨਿੰਦਕ ਭੀ ਚੰਗੀ ਅਵਸਥਾ ਤੇ ਅੱਪੜ ਜਾਂਦੇ ਹਨ ॥੨॥
12633	280	ਸੰਤ ਕਾ ਨਿੰਦਕੁ ਮਹਾ ਅਤਤਾਈ॥	ਅਤਤਾਈ ਦੇ ਅਰਥ: ੧ਅਗਨ ਲਾਏ, ੨ਬਿਖ ਦੇਵਈ; ੩ਨਿਰਦੋਸ਼ ਜਨ ਕੋ ਮਾਰ ੪ਧਨ ਪਦਾਰਾ ੬ਭੂਮੀ ਹਰੈ; ਅਤਤਾਈ ਦੋਇ ਚਾਰ। ੧ਕਿਸੇ ਘਰੇ ਅੱਗ ਲਾਉਣੀ, ੨ਜ਼ਹਿਰ ਦੇ ਕੇ ਮਾਰਨਾ, ੩ਨਿਰਦੋਸ਼ ਨੂੰ ਧੋਖੇ ਨਾਲ ਮਾਰਨਾ। ੪ਧਨ ਖੋਹਣਾ, ੫ਪਰ ਨਾਰੀ ਖੋਹਣੀ, ੬ਜ਼ਮੀਨ ਖੋਹਣੀ ਆਦਿ। ੭ਐਟਮ ਬੰਬ ਸੁੱਟਣ ਵਾਲਾ ਅਤਤਾਈ੭ ਹੈ। ਅਤਤਾਈ: ਪੋਲਾ ਬੋਲੋ	Santh Kaa Nindhak Mehaa Athathaaee ||	The slanderer of the Saint is the worst evil-doer.	ਸੰਤ ਦੀ ਨਿੰਦਿਆ ਕਰਨ ਵਾਲਾ ਸਦਾ ਅੱਤ ਚੁੱਕੀ ਰੱਖਦਾ ਹੈ,

12634	280	ਸੰਤ ਕਾ ਨਿੰਦਕੁ ਖਿਨੁ ਟਿਕਨੁ ਨ ਪਾਈ॥		Santh Kaa Nindhak Khin Ttikan N Paaee ||	The slanderer of the Saint has not even a moment's rest.	ਤੇ ਇਕ ਪਲਕ ਭਰ ਭੀ (ਅੱਤ ਚੁੱਕਣ ਵਲੋਂ) ਆਰਾਮ ਨਹੀਂ ਲੈਂਦਾ।
12635	280	ਸੰਤ ਕਾ ਨਿੰਦਕੁ ਮਹਾ ਹਤਿਆਰਾ॥		Santh Kaa Nindhak Mehaa Hathiaaraa ||	The slanderer of the Saint is a brutal butcher.	ਸੰਤ ਦਾ ਨਿੰਦਕ ਵੱਡਾ ਜ਼ਾਲਮ ਬਣ ਜਾਂਦਾ ਹੈ,
12636	280	ਸੰਤ ਕਾ ਨਿੰਦਕੁ ਪਰਮੇਸੁਰਿ ਮਾਰਾ॥		Santh Kaa Nindhak Paramaesur Maaraa ||	The slanderer of the Saint is cursed by the Transcendent Lord.	ਤੇ ਰੱਬ ਵਲੋਂ ਫਿਟਕਾਰਿਆ ਜਾਂਦਾ ਹੈ।
12637	280	ਸੰਤ ਕਾ ਨਿੰਦਕੁ ਰਾਜ ਤੇ ਹੀਨੁ॥		Santh Kaa Nindhak Raaj Thae Heen ||	The slanderer of the Saint has no kingdom.	ਸੰਤ ਦਾ ਨਿੰਦਕ ਰਾਜ (ਭਾਵ, ਦੁਨੀਆ ਦੇ ਸੁਖਾਂ) ਤੋਂ ਵਾਂਜਿਆਂ ਰਹਿੰਦਾ ਹੈ,
12638	280	ਸੰਤ ਕਾ ਨਿੰਦਕੁ ਦੁਖੀਆ ਅਰੁ ਦੀਨੁ॥		Santh Kaa Nindhak Dhukheeaa Ar Dheen ||	The slanderer of the Saint becomes miserable and poor.	(ਸਦਾ) ਦੁਖੀ ਤੇ ਆਤੁਰ ਰਹਿੰਦਾ ਹੈ।
12639	280	ਸੰਤ ਕੇ ਨਿੰਦਕ ਕਉ ਸਰਬ ਰੋਗ॥		Santh Kae Nindhak Ko Sarab Rog ||	The slanderer of the Saint contracts all diseases.	ਸੰਤਾਂ ਦੀ ਨਿੰਦਿਆ ਕਰਨ ਵਾਲੇ ਨੂੰ ਸਾਰੇ ਰੋਗ ਵਿਆਪਦੇ ਹਨ,
12640	280	ਸੰਤ ਕੇ ਨਿੰਦਕ ਕਉ ਸਦਾ ਬਿਜੋਗ॥		Santh Kae Nindhak Ko Sadhaa Bijog ||	The slanderer of the Saint is forever separated.	(ਕਿਉਂਕਿ) ਉਸ ਨੂੰ (ਸੁਖਾਂ ਦੇ ਸੋਮੇ ਪ੍ਰਭੂ ਤੋਂ) ਸਦਾ ਵਿਛੋੜਾ ਰਹਿੰਦਾ ਹੈ।
12641	280	ਸੰਤ ਕੀ ਨਿੰਦਾ ਦੋਖ ਮਹਿ ਦੋਖੁ॥		Santh Kee Nindhaa Dhokh Mehi Dhokh ||	To slander a Saint is the worst sin of sins.	ਸੰਤਾਂ ਦੀ ਨਿੰਦਿਆ ਕਰਨੀ ਬਹੁਤ ਹੀ ਮਾੜਾ ਕੰਮ ਹੈ।

12642	280	ਨਾਨਕ ਸੰਤ ਭਾਵੈ ਤਾ ਉਸ ਕਾ ਭੀ ਹੋਇ ਮੋਖੁ॥੩॥		Naanak Santh Bhaavai Thaa Ous Kaa Bhee Hoe Mokh ||3||	O Nanak, if it pleases the Saint, then even this one may be liberated. ||3||	ਹੇ ਨਾਨਕ! ਜੇ ਸੰਤਾਂ ਨੂੰ ਭਾਵੇ ਤਾਂ ਉਸ (ਨਿੰਦਕ) ਦਾ ਭੀ (ਨਿੰਦਿਆ ਤੋਂ) ਛੁਟਕਾਰਾ ਹੋ ਜਾਂਦਾ ਹੈ ॥੩॥
12643	280	ਸੰਤ ਕਾ ਦੋਖੀ ਸਦਾ ਅਪਵਿਤੁ॥	ਅਪਵਿੱਤੁ	Santh Kaa Dhokhee Sadhaa Apavith ||	The slanderer of the Saint is forever impure.	ਸੰਤ ਦਾ ਨਿੰਦਕ ਸਦਾ ਮੈਲੇ ਮਨ ਵਾਲਾ ਹੈ,
12644	280	ਸੰਤ ਕਾ ਦੋਖੀ ਕਿਸੈ ਕਾ ਨਹੀ ਮਿਤੁ॥	ਮਿੱਤੁ	Santh Kaa Dhokhee Kisai Kaa Nehee Mith ||	The slanderer of the Saint is nobody's friend.	(ਤਾਹੀਏਂ) ਉਹ (ਕਦੇ) ਕਿਸੇ ਦਾ ਸੱਜਣ ਨਹੀਂ ਬਣਦਾ।
12645	280	ਸੰਤ ਕੇ ਦੋਖੀ ਕਉ ਡਾਨੁ ਲਾਗੈ॥		Santh Kae Dhokhee Ko Ddaan Laagai ||	The slanderer of the Saint shall be punished.	(ਅੰਤ ਵੇਲੇ) ਸੰਤ ਦੇ ਨਿੰਦਕ ਨੂੰ (ਧਰਮਰਾਜ ਤੋਂ) ਸਜ਼ਾ ਮਿਲਦੀ ਹੈ,
12646	280	ਸੰਤ ਕੇ ਦੋਖੀ ਕਉ ਸਭ ਤਿਆਗੈ॥		Santh Kae Dhokhee Ko Sabh Thiaagai ||	The slanderer of the Saint is abandoned by all.	ਤੇ ਸਾਰੇ ਉਸ ਦਾ ਸਾਥ ਛੱਡ ਜਾਂਦੇ ਹਨ।
12647	280	ਸੰਤ ਕਾ ਦੋਖੀ ਮਹਾ ਅਹੰਕਾਰੀ॥		Santh Kaa Dhokhee Mehaa Ahankaaree ||	The slanderer of the Saint is totally egocentric.	ਸੰਤ ਦੀ ਨਿੰਦਿਆ ਕਰਨ ਵਾਲਾ ਬੜਾ ਆਕੜ-ਖਾਨ ਬਣ ਜਾਂਦਾ ਹੈ,
12648	280	ਸੰਤ ਕਾ ਦੋਖੀ ਸਦਾ ਬਿਕਾਰੀ॥		Santh Kaa Dhokhee Sadhaa Bikaaree ||	The slanderer of the Saint is forever corrupt.	ਤੇ ਸਦਾ ਮੰਦੇ ਕੰਮ ਕਰਦਾ ਹੈ।
12649	280	ਸੰਤ ਕਾ ਦੋਖੀ ਜਨਮੈ ਮਰੈ॥		Santh Kaa Dhokhee Janamai Marai ||	The slanderer of the Saint must endure birth and death.	(ਇਹਨੀਂ ਔਗੁਣੀਂ) ਸੰਤ ਦਾ ਨਿੰਦਕ ਜੰਮਦਾ ਮਰਦਾ ਰਹਿੰਦਾ ਹੈ,

12650	280	ਸੰਤ ਕੀ ਦੂਖਨਾ ਸੁਖ ਤੇ ਟਰੈ॥		Santh Kee Dhookhanaa Sukh Thae Ttarai ||	The slanderer of the Saint is devoid of peace.	ਤੇ ਸੰਤ ਦੀ ਨਿੰਦਿਆ ਦੇ ਕਾਰਨ ਸੁਖਾਂ ਤੋਂ ਵਾਂਜਿਆ ਜਾਂਦਾ ਹੈ।
12651	280	ਸੰਤ ਕੇ ਦੋਖੀ ਕਉ ਨਾਹੀ ਠਾਉ॥		Santh Kae Dhokhee Ko Naahee Thaao ||	The slanderer of the Saint has no place of rest.	ਸੰਤ ਦੇ ਨਿੰਦਕ ਨੂੰ ਕੋਈ ਸਹਾਰਾ ਨਹੀਂ ਮਿਲਦਾ,
12652	280	ਨਾਨਕ ਸੰਤ ਭਾਵੈ ਤਾ ਲਏ ਮਿਲਾਇ॥੪॥		Naanak Santh Bhaavai Thaa Leae Milaae ||4||	O Nanak, if it pleases the Saint, then even such a one may merge in union. ||4||	(ਪਰ ਹਾਂ), ਹੇ ਨਾਨਕ! ਜੇ ਸੰਤ ਚਾਹੇ ਤਾਂ ਆਪਣੇ ਨਾਲ ਉਸ (ਨਿੰਦਕ) ਨੂੰ ਮਿਲਾ ਲੈਂਦਾ ਹੈ ॥੪॥
12653	280	ਸੰਤ ਕਾ ਦੋਖੀ ਅਧ ਬੀਚ ਤੇ ਟੂਟੈ॥	ਅੱਧ	Santh Kaa Dhokhee Adhh Beech Thae Ttoottai ||	The slanderer of the Saint breaks down mid-way.	ਸੰਤ ਦੀ ਨਿੰਦਿਆ ਕਰਨ ਵਾਲਾ ਅੱਧ ਵਿਚੋਂ ਹੀ ਰਹਿ ਜਾਂਦਾ ਹੈ,
12654	280	ਸੰਤ ਕਾ ਦੋਖੀ ਕਿਤੈ ਕਾਜਿ ਨ ਪਹੂਚੈ॥		Santh Kaa Dhokhee Kithai Kaaj N Pehoochai ||	The slanderer of the Saint cannot accomplish his tasks.	ਕਿਸੇ ਕੰਮ ਵਿਚ ਨੇਪਰੇ ਨਹੀਂ ਚੜ੍ਹਦਾ।
12655	280	ਸੰਤ ਕੇ ਦੋਖੀ ਕਉ ਉਦਿਆਨ ਭ੍ਰਮਾਈਐ॥		Santh Kae Dhokhee Ko Oudhiaan Bhramaaeeai ||	The slanderer of the Saint wanders in the wilderness.	ਸੰਤ ਦੇ ਨਿੰਦਕ ਨੂੰ, (ਮਾਨੋ) ਜੰਗਲਾਂ ਵਿਚ ਖ਼ੁਆਰ ਕਰੀਦਾ ਹੈ,
12656	280	ਸੰਤ ਕਾ ਦੋਖੀ ਉਝੜਿ ਪਾਈਐ॥	ਉੱਝੜਿ	Santh Kaa Dhokhee Oujharr Paaeeai ||	The slanderer of the Saint is misled into desolation.	ਤੇ (ਰਾਹੋਂ ਖੁੰਝਾ ਕੇ) ਔੜਦੇ ਪਾ ਦੇਈਦਾ ਹੈ।

12657	280	ਸੰਤ ਕਾ ਦੋਖੀ ਅੰਤਰ ਤੇ ਥੋਥਾ॥	ਥੋੱਥਾ	Santh Kaa Dhokhee Anthar Thae Thhothhaa ||	The slanderer of the Saint is empty inside,	ਸੰਤ ਦਾ ਨਿੰਦਕ ਅੰਦਰੋਂ (ਅਸਲੀ ਜ਼ਿੰਦਗੀ ਤੋਂ ਜੋ ਮਨੁੱਖ ਦਾ ਆਧਾਰ ਹੈ) ਖ਼ਾਲੀ ਹੁੰਦਾ ਹੈ,
12658	280	ਜਿਉ ਸਾਸ ਬਿਨਾ ਮਿਰਤਕ ਕੀ ਲੋਥਾ॥	ਲੋੱਥਾ	Jio Saas Binaa Mirathak Kee Lothhaa ||	Like the corpse of a dead man, without the breath of life.	ਜਿਵੇਂ ਪ੍ਰਾਣਾਂ ਤੋਂ ਬਿਨਾ ਮੁਰਦਾ ਲੋਥ ਹੈ।
12659	280	ਸੰਤ ਕੇ ਦੋਖੀ ਕੀ ਜੜ ਕਿਛੁ ਨਾਹਿ॥		Santh Kae Dhokhee Kee Jarr Kishh Naahi ||	The slanderer of the Saint has no heritage at all.	ਸੰਤ ਦੇ ਨਿੰਦਕਾਂ ਦੀ (ਨੇਕ ਕਮਾਈ ਤੇ ਸਿਮਰਨ ਵਾਲੀ) ਕੋਈ ਪੱਕੀ ਨੀਂਹ ਨਹੀਂ ਹੁੰਦੀ,
12660	280	ਆਪਨ ਬੀਜਿ ਆਪੇ ਹੀ ਖਾਹਿ॥		Aapan Beej Aapae Hee Khaahi ||	He himself must eat what he has planted.	ਆਪ ਹੀ (ਨਿੰਦਿਆ ਦੀ) ਕਮਾਈ ਕਰ ਕੇ ਆਪ ਹੀ (ਉਸ ਦਾ ਮੰਦਾ ਫਲ) ਖਾਂਦੇ ਹਨ।
12661	280	ਸੰਤ ਕੇ ਦੋਖੀ ਕਉ ਅਵਰੁ ਨ ਰਾਖਨਹਾਰੁ॥		Santh Kae Dhokhee Ko Avar N Raakhanehaar ||	The slanderer of the Saint cannot be saved by anyone else.	ਸੰਤ ਦੀ ਨਿੰਦਿਆ ਕਰਨ ਵਾਲੇ ਨੂੰ ਕੋਈ ਹੋਰ ਮਨੁੱਖ (ਨਿੰਦਿਆ ਦੀ ਵਾਦੀ ਤੋਂ) ਬਚਾ ਨਹੀਂ ਸਕਦਾ,
12662	280	ਨਾਨਕ ਸੰਤ ਭਾਵੈ ਤਾ ਲਏ ਉਬਾਰਿ॥੫॥		Naanak Santh Bhaavai Thaa Leae Oubaar ||5||	O Nanak, if it pleases the Saint, then even he may be saved. ||5||	(ਪਰ) ਹੇ ਨਾਨਕ! ਜੇ ਸੰਤ ਚਾਹੇ ਤਾਂ (ਨਿੰਦਕ ਨੂੰ ਨਿੰਦਿਆ ਦੇ ਸੁਭਾਉ ਤੋਂ) ਬਚਾ ਸਕਦਾ ਹੈ ॥੫॥
12663	280	ਸੰਤ ਕਾ ਦੋਖੀ ਇਉ ਬਿਲਲਾਇ॥		Santh Kaa Dhokhee Eio Bilalaae ||	The slanderer of the Saint bewails like this	ਸੰਤ ਦਾ ਨਿੰਦਕ ਇਉਂ ਵਿਲਕਦਾ ਹੈ,

12664	280	ਜਿਉ ਜਲ ਬਿਹੂਨ ਮਛੁਲੀ ਤੜਫੜਾਇ॥	(ਤੜਫ-ੜਾਇ) ਤੜਫਦੀ ਹੈ	Jio Jal Bihoon Mashhulee Tharrafarraae ||	Like a fish, out of water, writhing in agony.	ਜਿਵੇਂ ਪਾਣੀ ਤੋਂ ਬਿਨਾ ਮੱਛੀ ਤੜਫ਼ਦੀ ਹੈ।
12665	280	ਸੰਤ ਕਾ ਦੋਖੀ ਭੂਖਾ ਨਹੀ ਰਾਜੈ॥	(ਰੱਾਜੈ) ਰੱਜਦਾ	Santh Kaa Dhokhee Bhookhaa Nehee Raajai ||	The slanderer of the Saint is hungry and is never satisfied,	ਸੰਤ ਦਾ ਨਿੰਦਕ ਤ੍ਰਿਸ਼ਨਾ ਦਾ ਮਾਰਿਆ ਹੋਇਆ ਕਦੇ ਰੱਜਦਾ ਨਹੀਂ,
12666	280	ਜਿਉ ਪਾਵਕੁ ਈਧਨਿ ਨਹੀ ਧ੍ਰਾਪੈ॥		Jio Paavak Eedhhan Nehee Dhhraapai ||	As fire is not satisfied by fuel.	ਜਿਵੇਂ ਅੱਗ ਬਾਲਣ ਨਾਲ ਨਹੀਂ ਰੱਜਦੀ (ਭਾਵ, ਸੰਤ ਦੀ ਸੋਭਾ ਦਾ ਸੜਿਆ ਹੋਇਆ ਈਰਖਾ ਦੇ ਕਾਰਨ ਨਿੰਦਿਆ ਕਰਦਾ ਹੈ ਤੇ ਇਹ ਈਰਖਾ ਘਟਦੀ ਨਹੀਂ)।
12667	280	ਸੰਤ ਕਾ ਦੋਖੀ ਛੁਟੈ ਇਕੇਲਾ॥		Santh Kaa Dhokhee Shhuttai Eikaelaa ||	The slanderer of the Saint is left all alone,	ਸੰਤ ਦਾ ਨਿੰਦਕ ਭੀ ਇਕੱਲਾ ਛੁੱਟੜ ਪਿਆ ਰਹਿੰਦਾ ਹੈ (ਕੋਈ ਉਸ ਦੇ ਨੇੜੇ ਨਹੀਂ ਆਉਂਦਾ),
12668	280	ਜਿਉ ਬੂਆੜੁ ਤਿਲੁ ਖੇਤ ਮਾਹਿ ਦੁਹੇਲਾ॥	ਤਿਲੁ: ਪੋਲਾ ਬੋਲੋ	Jio Booaarr Thil Khaeth Maahi Dhuhaelaa ||	Like the miserable barren sesame stalk abandoned in the field.	ਜਿਵੇਂ ਅੰਦਰੋਂ ਸੜਿਆ ਹੋਇਆ ਤਿਲ ਦਾ ਬੂਟਾ ਪੈਲੀ ਵਿਚ ਹੀ ਨਿਮਾਣਾ ਪਿਆ ਰਹਿੰਦਾ ਹੈ।
12669	280	ਸੰਤ ਕਾ ਦੋਖੀ ਧਰਮ ਤੇ ਰਹਤ॥		Santh Kaa Dhokhee Dhharam Thae Rehath ||	The slanderer of the Saint is devoid of faith.	ਸੰਤ ਦਾ ਨਿੰਦਕ ਧਰਮੋਂ ਹੀਣ ਹੁੰਦਾ ਹੈ,

12670	280	ਸੰਤ ਕਾ ਦੋਖੀ ਸਦ ਮਿਥਿਆ ਕਹਤ॥	ਮਿਥਿਆ: ਪੋਲਾ ਬੋਲੋ	Santh Kaa Dhokhee Sadh Mithhiaa Kehath ||	The slanderer of the Saint constantly lies.	ਤੇ ਸਦਾ ਝੂਠ ਬੋਲਦਾ ਹੈ।
12671	280	ਕਿਰਤੁ ਨਿੰਦਕ ਕਾ ਧੁਰਿ ਹੀ ਪਇਆ॥		Kirath Nindhak Kaa Dhhur Hee Paeiaa ||	The fate of the slanderer is pre-ordained from the very beginning of time.	(ਪਰ) ਪਹਿਲੀ ਕੀਤੀ ਹੋਈ ਨਿੰਦਿਆ ਦਾ ਇਹ ਫਲ (-ਰੂਪ ਸੁਭਾਉ) ਨਿੰਦਕ ਦਾ ਮੁੱਢ ਤੋਂ ਹੀ (ਜਦੋਂ ਉਸ ਨਿੰਦਿਆ ਦਾ ਕੰਮ ਫੜਿਆ) ਤੁਰਿਆ ਆ ਰਿਹਾ ਹੈ (ਸੋ, ਉਸ ਸੁਭਾਉ ਦੇ ਕਾਰਣ ਵਿਚਾਰਾ ਹੋਰ ਕਰੇ ਭੀ ਕੀਹ?)
12672	280	ਨਾਨਕ ਜੋ ਤਿਸੁ ਭਾਵੈ ਸੋਈ ਥਿਆ॥੬॥		Naanak Jo This Bhaavai Soee Thhiaa ||6||	O Nanak, whatever pleases God's Will comes to pass. ||6||	ਹੇ ਨਾਨਕ! (ਇਹ ਮਾਲਕ ਦੀ ਰਜ਼ਾ ਹੈ) ਜੋ ਉਸ ਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ ॥੬॥
12673	280	ਸੰਤ ਕਾ ਦੋਖੀ ਬਿਗੜਰੂਪੁ ਹੋਇ ਜਾਇ॥	ਬਿਗੜ-ਰੂਪੁ। ਕੋੜ੍ਹੀ	Santh Kaa Dhokhee Bigarr Roop Hoe Jaae ||	The slanderer of the Saint becomes deformed.	ਸੰਤਾਂ ਦੀ ਨਿੰਦਿਆ ਕਰਨ ਵਾਲਾ ਭ੍ਰਿਸ਼ਟਿਆ ਜਾਂਦਾ ਹੈ,
12674	280	ਸੰਤ ਕੇ ਦੋਖੀ ਕਉ ਦਰਗਹ ਮਿਲੈ ਸਜਾਇ॥		Santh Kae Dhokhee Ko Dharageh Milai Sajaae ||	The slanderer of the Saint receives his punishment in the Court of the Lord.	ਪ੍ਰਭੂ ਦੀ ਦਰਗਾਹ ਵਿਚ ਉਸ ਨੂੰ ਸਜ਼ਾ ਮਿਲਦੀ ਹੈ।
12675	280	ਸੰਤ ਕਾ ਦੋਖੀ ਸਦਾ ਸਹਕਾਈਐ॥		Santh Kaa Dhokhee Sadhaa Sehakaaeeai ||	The slanderer of the Saint is eternally in limbo.	ਸੰਤਾਂ ਦਾ ਨਿੰਦਕ ਸਦਾ ਆਤੁਰ ਰਹਿੰਦਾ ਹੈ,

12676	280	ਸੰਤ ਕਾ ਦੋਖੀ ਨ ਮਰੈ ਨ ਜੀਵਾਈਐ॥		Santh Kaa Dhokhee N Marai N Jeevaaeeai ||	He does not die, but he does not live either.	ਨਾਹ ਉਹ ਜੀਉਂਦਿਆਂ ਵਿਚ ਤੇ ਨਾਹ ਮੋਇਆਂ ਵਿਚ ਹੁੰਦਾ ਹੈ।
12677	280	ਸੰਤ ਕੇ ਦੋਖੀ ਕੀ ਪੁਜੈ ਨ ਆਸਾ॥	ਪੁੱਜੈ	Santh Kae Dhokhee Kee Pujai N Aasaa ||	The hopes of the slanderer of the Saint are not fulfilled.	ਸੰਤ ਦੇ ਨਿੰਦਕ ਦੀ ਆਸ ਕਦੇ ਸਿਰੇ ਨਹੀਂ ਚੜ੍ਹਦੀ,
12678	280	ਸੰਤ ਕਾ ਦੋਖੀ ਉਠਿ ਚਲੈ ਨਿਰਾਸਾ॥	ਉੱਠਿ	Santh Kaa Dhokhee Outh Chalai Niraasaa ||	The slanderer of the Saint departs disappointed.	ਜਗਤ ਤੋਂ ਨਿਰਾਸ ਹੀ ਚੱਲ ਜਾਂਦਾ (ਭਲਾ, ਸੰਤਾਂ ਵਾਲੀ ਸੋਭਾ ਉਸ ਨੂੰ ਕਿਵੇਂ ਮਿਲੇ?)।
12679	280	ਸੰਤ ਕੈ ਦੋਖਿ ਨ ਤ੍ਰਿਸਟੈ ਕੋਇ॥		Santh Kai Dhokh N Thrisattai Koe ||	Slandering the Saint, no one attains satisfaction.	ਸੰਤ ਦੀ ਨਿੰਦਿਆ ਕਰਨ ਨਾਲ ਕੋਈ ਮਨੁੱਖ (ਨਿੰਦਿਆ ਦੀ) ਇਸ ਤ੍ਰੇਹ ਤੋਂ ਬਚਦਾ ਨਹੀਂ।
12680	280	ਜੈਸਾ ਭਾਵੈ ਤੈਸਾ ਕੋਈ ਹੋਇ॥		Jaisaa Bhaavai Thaisaa Koee Hoe ||	As it pleases the Lord, so do people become;	ਜਿਹੋ ਜਿਹੀ ਮਨੁੱਖ ਦੀ ਨੀਅਤ ਹੁੰਦੀ ਹੈ, ਤਿਹੋ ਜਿਹਾ ਉਸ ਦਾ ਸੁਭਾਉ ਬਣ ਜਾਂਦਾ ਹੈ।
12681	280	ਪਇਆ ਕਿਰਤੁ ਨ ਮੇਟੈ ਕੋਇ॥	ਪ-ਇਆ	Paeiaa Kirath N Maettai Koe ||	No one can erase their past actions.	(ਬਚੇ ਭੀ ਕਿਵੇਂ?) ਪਿਛਲੀ ਕੀਤੀ (ਮੰਦ) ਕਮਾਈ ਦੇ ਇਕੱਠੇ ਹੋਏ (ਸੁਭਾਉ-ਰੂਪ) ਫਲ ਨੂੰ ਕੋਈ ਮਿਟਾ ਨਹੀਂ ਸਕਦਾ।
12682	280	ਨਾਨਕ ਜਾਨੈ ਸਚਾ ਸੋਇ॥੭॥		Naanak Jaanai Sachaa Soe ||7||	O Nanak, the True Lord alone knows all. ||7||	ਹੇ ਨਾਨਕ! (ਇਸ ਭੇਤ ਨੂੰ) ਉਹ ਸੱਚਾ ਪ੍ਰਭੂ ਜਾਣਦਾ ਹੈ ॥੭॥

12683	280	ਸਭ ਘਟ ਤਿਸ ਕੇ ਓਹੁ ਕਰਨੈਹਾਰੁ॥		Sabh Ghatt This Kae Ouhu Karanaihaar ||	All hearts are His; He is the Creator.	ਸਾਰੇ ਜੀਅ ਜੰਤ ਉਸ ਪ੍ਰਭੂ ਦੇ ਹਨ, ਉਹੀ ਸਭ ਕੁਝ ਕਰਨ ਦੇ ਸਮਰੱਥ ਹੈ,
12684	280	ਸਦਾ ਸਦਾ ਤਿਸ ਕਉ ਨਮਸਕਾਰੁ॥		Sadhaa Sadhaa This Ko Namasakaar ||	Forever and ever, I bow to Him in reverence.	ਸਦਾ ਉਸ ਪ੍ਰਭੂ ਅੱਗੇ ਸਿਰ ਨਿਵਾਓ।
12685	280	ਪ੍ਰਭ ਕੀ ਉਸਤਤਿ ਕਰਹੁ ਦਿਨੁ ਰਾਤਿ॥		Prabh Kee Ousathath Karahu Dhin Raath ||	Praise God, day and night.	ਦਿਨ ਰਾਤਿ ਪ੍ਰਭੂ ਦੇ ਗੁਣ ਗਾਓ,
12686	280	ਤਿਸਹਿ ਧਿਆਵਹੁ ਸਾਸਿ ਗਿਰਾਸਿ॥		Thisehi Dhhiaavahu Saas Giraas ||	Meditate on Him with every breath and morsel of food.	ਦਮ-ਬ-ਦਮ ਉਸੇ ਨੂੰ ਯਾਦ ਕਰੋ।
12687	280	ਸਭੁ ਕਛੁ ਵਰਤੈ ਤਿਸ ਕਾ ਕੀਆ॥		Sabh Kashh Varathai This Kaa Keeaa ||	Everything happens as He wills.	(ਜਗਤ ਵਿਚ) ਹਰੇਕ ਖੇਡ ਉਸੇ ਦੀ ਵਰਤਾਈ ਵਰਤ ਰਹੀ ਹੈ,
12688	280	ਜੈਸਾ ਕਰੇ ਤੈਸਾ ਕੋ ਥੀਆ॥		Jaisaa Karae Thaisaa Ko Thheeaa ||	As He wills, so people become.	ਪ੍ਰਭੂ (ਜੀਵ ਨੂੰ) ਜਿਹੋ ਜਿਹਾ ਬਣਾਉਂਦਾ ਹੈ ਉਹੋ ਜਿਹਾ ਹਰੇਕ ਜੀਵ ਬਣ ਜਾਂਦਾ ਹੈ।
12689	280	ਅਪਨਾ ਖੇਲੁ ਆਪਿ ਕਰਨੈਹਾਰੁ॥		Apanaa Khael Aap Karanaihaar ||	He Himself is the play, and He Himself is the actor.	(ਜਗਤ-ਰੂਪ) ਆਪਣੀ ਖੇਡ ਆਪ ਹੀ ਕਰਨ ਜੋਗਾ ਹੈ।
12690	280	ਦੂਸਰ ਕਉਨੁ ਕਹੈ ਬੀਚਾਰੁ॥		Dhoosar Koun Kehai Beechaar ||	Who else can speak or deliberate upon this?	ਕੌਣ ਕੋਈ ਦੂਜਾ ਸਲਾਹ ਦੱਸ ਸਕਦਾ ਹੈ?

12691	281	ਜਿਸ ਨੋ ਕ੍ਰਿਪਾ ਕਰੈ ਤਿਸੁ ਆਪਨ ਨਾਮੁ ਦੇਇ॥	ਦੇ-ਇ	Jis No Kirapaa Karai This Aapan Naam Dhaee ||	He Himself gives His Name to those, upon whom He bestows His Mercy.	ਜਿਸ ਜਿਸ ਜੀਵ ਉਤੇ ਮੇਹਰ ਕਰਦਾ ਹੈ ਉਸ ਉਸ ਨੂੰ ਆਪਣਾ ਨਾਮ ਬਖ਼ਸ਼ਦਾ ਹੈ;
12692	281	ਬਡਭਾਗੀ ਨਾਨਕ ਜਨ ਸੇਇ॥੮॥੧੩॥	ਬੱਡਭਾਗੀ। ਸੇ-ਇ	Baddabhaagee Naanak Jan Saee ||8||13||	Very fortunate, O Nanak, are those people. ||8||13||	(ਤੇ) ਹੇ ਨਾਨਕ! ਉਹ ਮਨੁੱਖ ਵੱਡੇ ਭਾਗਾਂ ਵਾਲੇ ਹੋ ਜਾਂਦੇ ਹਨ ॥੮॥੧੩॥
12693	281	ਸਲੋਕੁ॥		Salok ||	Shalok:	
12694	281	ਤਜਹੁ ਸਿਆਨਪ ਸੁਰਿਜਨਹੁ ਸਿਮਰਹੁ ਹਰਿ ਹਰਿ ਰਾਇ॥	ਸੁਰਿ-ਜਨਹੁ (ਸੁਰਿ)ਸ੍ਰੇਸ਼ਟ ਗੁਰਸੇਵਕ ਪੁਰਸ਼ੋ	Thajahu Siaanap Sur Janahu Simarahu Har Har Raae ||	Give up your cleverness, good people - remember the Lord God, your King!	ਹੇ ਭਲੇ ਮਨੁੱਖੋ! ਚਤੁਰਾਈ ਛੱਡੋ ਤੇ ਅਕਾਲ ਪੁਰਖ ਨੂੰ ਸਿਮਰੋ;
12695	281	ਏਕ ਆਸ ਹਰਿ ਮਨਿ ਰਖਹੁ ਨਾਨਕ ਦੂਖੁ ਭਰਮੁ ਭਉ ਜਾਇ॥੧॥	ਰੱਖਹੁ	Eaek Aas Har Man Rakhahu Naanak Dhookh Bharam Bho Jaae ||1||	Enshrine in your heart, your hopes in the One Lord. O Nanak, your pain, doubt and fear shall depart. ||1||	ਕੇਵਲ ਪ੍ਰਭੂ ਦੀ ਆਸ ਮਨ ਵਿਚ ਰੱਖੋ। ਹੇ ਨਾਨਕ! (ਇਸ ਤਰ੍ਹਾਂ) ਦੁੱਖ ਵਹਮ ਤੇ ਡਰ ਦੂਰ ਹੋ ਜਾਂਦਾ ਹੈ ॥੧॥
12696	281	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	
12697	281	ਮਾਨੁਖ ਕੀ ਟੇਕ ਬ੍ਰਿਥੀ ਸਭ ਜਾਨੁ॥		Maanukh Kee Ttaek Brithhee Sabh Jaan ||	Reliance on mortals is in vain - know this well.	(ਹੇ ਮਨ!) (ਕਿਸੇ) ਮਨੁੱਖ ਦਾ ਆਸਰਾ ਉੱਕਾ ਹੀ ਵਿਅਰਥ ਸਮਝ,

12698	281	ਦੇਵਨ ਕਉ ਏਕੈ ਭਗਵਾਨੁ॥		Dhaevan Ko Eaekai Bhagavaan ||	The Great Giver is the One Lord God.	ਇਕ ਅਕਾਲ ਪੁਰਖ ਹੀ (ਸਭ ਜੀਆਂ ਨੂੰ) ਦੇਣ ਜੋਗਾ ਹੈ;
12699	281	ਜਿਸ ਕੈ ਦੀਐ ਰਹੈ ਅਘਾਇ॥		Jis Kai Dheeai Rehai Aghaae ||	By His gifts, we are satisfied,	ਜਿਸ ਦੇ ਦਿੱਤਿਆਂ (ਮਨੁੱਖ) ਰੱਜਿਆ ਰਹਿੰਦਾ ਹੈ,
12700	281	ਬਹੁਰਿ ਨ ਤ੍ਰਿਸਨਾ ਲਾਗੈ ਆਇ॥	ਲੱਾਗੈ	Bahur N Thrisanaa Laagai Aae ||	And we suffer from thirst no longer.	ਤੇ ਮੁੜ ਉਸ ਨੂੰ ਲਾਲਚ ਆ ਕੇ ਦਬਾਉਂਦਾ ਨਹੀਂ।
12701	281	ਮਾਰੈ ਰਾਖੈ ਏਕੋ ਆਪਿ॥		Maarai Raakhai Eaeko Aap ||	The One Lord Himself destroys and also preserves.	ਪ੍ਰਭੂ ਆਪ ਹੀ (ਜੀਵਾਂ ਨੂੰ) ਮਾਰਦਾ ਹੈ (ਜਾਂ) ਪਾਲਦਾ ਹੈ,
12702	281	ਮਾਨੁਖ ਕੈ ਕਿਛੁ ਨਾਹੀ ਹਾਥਿ॥		Maanukh Kai Kishh Naahee Haathh ||	Nothing at all is in the hands of mortal beings.	ਮਨੁੱਖ ਦੇ ਵੱਸ ਕੁਝ ਨਹੀਂ ਹੈ।
12703	281	ਤਿਸ ਕਾ ਹੁਕਮੁ ਬੂਝਿ ਸੁਖੁ ਹੋਇ॥	ਬੂੱਝਿ	This Kaa Hukam Boojh Sukh Hoe ||	Understanding His Order, there is peace.	(ਤਾਂ ਤੇ) ਉਸ ਮਾਲਕ ਦਾ ਹੁਕਮ ਸਮਝ ਕੇ ਸੁਖ ਹੁੰਦਾ ਹੈ।
12704	281	ਤਿਸ ਕਾ ਨਾਮੁ ਰਖੁ ਕੰਠਿ ਪਰੋਇ॥		This Kaa Naam Rakh Kanth Paroe ||	So take His Name, and wear it as your necklace.	(ਹੇ ਮਨ!) ਉਸ ਦਾ ਨਾਮ ਹਰ ਵੇਲੇ ਯਾਦ ਕਰ।
12705	281	ਸਿਮਰਿ ਸਿਮਰਿ ਸਿਮਰਿ ਪ੍ਰਭੁ ਸੋਇ॥		Simar Simar Simar Prabh Soe ||	Remember, remember, remember God in meditation.	ਉਸ ਪ੍ਰਭੂ ਨੂੰ ਸਦਾ ਸਿਮਰ।
12706	281	ਨਾਨਕ ਬਿਘਨੁ ਨ ਲਾਗੈ ਕੋਇ॥੧॥		Naanak Bighan N Laagai Koe ||1||	O Nanak, no obstacle shall stand in your way. ||1||	ਹੇ ਨਾਨਕ! (ਸਿਮਰਨ ਦੀ ਬਰਕਤਿ ਨਾਲ) (ਜ਼ਿੰਦਗੀ ਦੇ ਸਫ਼ਰ ਵਿਚ) ਕੋਈ ਰੁਕਾਵਟ ਨਹੀਂ ਪੈਂਦੀ ॥੧॥

12707	281	ਉਸਤਤਿ ਮਨ ਮਹਿ ਕਰਿ ਨਿਰੰਕਾਰ॥		Ousathath Man Mehi Kar Nirankaar ||	Praise the Formless Lord in your mind.	ਆਪਣੇ ਅੰਦਰ ਅਕਾਲ ਪੁਰਖ ਦੀ ਵਡਿਆਈ ਕਰ।
12708	281	ਕਰਿ ਮਨ ਮੇਰੇ ਸਤਿ ਬਿਉਹਾਰ॥		Kar Man Maerae Sath Biouhaar ||	O my mind, make this your true occupation.	ਹੇ ਮੇਰੇ ਮਨ! ਇਹ ਸੱਚਾ ਵਿਹਾਰ ਕਰ।
12709	281	ਨਿਰਮਲ ਰਸਨਾ ਅੰਮ੍ਰਿਤੁ ਪੀਉ॥		Niramal Rasanaa Anmrith Peeo ||	Let your tongue become pure, drinking in the Ambrosial Nectar.	ਜੀਭ ਨਾਲ ਮਿੱਠਾ (ਨਾਮ-) ਅੰਮ੍ਰਿਤ ਪੀ,
12710	281	ਸਦਾ ਸੁਹੇਲਾ ਕਰਿ ਲੇਹਿ ਜੀਉ॥		Sadhaa Suhaelaa Kar Laehi Jeeo ||	Your soul shall be forever peaceful.	(ਇਸ ਤਰ੍ਹਾਂ) ਆਪਣੀ ਜਿੰਦ ਨੂੰ ਸਦਾ ਲਈ ਸੁਖੀ ਕਰ ਲੈ।
12711	281	ਨੈਨਹੁ ਪੇਖੁ ਠਾਕੁਰ ਕਾ ਰੰਗੁ॥		Nainahu Paekh Thaakur Kaa Rang ||	With your eyes, see the wondrous play of your Lord and Master.	ਅੱਖਾਂ ਨਾਲ ਅਕਾਲ ਪੁਰਖ ਦਾ (ਜਗਤ-) ਤਮਾਸ਼ਾ ਵੇਖ,
12712	281	ਸਾਧਸੰਗਿ ਬਿਨਸੈ ਸਭ ਸੰਗੁ॥		Saadhhasang Binasai Sabh Sang ||	In the Company of the Holy, all other associations vanish.	ਭਲਿਆਂ ਦੀ ਸੰਗਤਿ ਵਿਚ (ਟਿਕਿਆਂ) ਹੋਰ (ਕੁਟੰਬ ਆਦਿਕ ਦਾ) ਮੋਹ ਮਿਟ ਜਾਂਦਾ ਹੈ।
12713	281	ਚਰਨ ਚਲਉ ਮਾਰਗਿ ਗੋਬਿੰਦ॥	ਚੱਲਉ	Charan Chalo Maarag Gobindh ||	With your feet, walk in the Way of the Lord.	ਪੈਰਾਂ ਨਾਲ ਰੱਬ ਦੇ ਰਾਹ ਤੇ ਤੁਰ।

12714	281	ਮਿਟਹਿ ਪਾਪ ਜਪੀਐ ਹਰਿ ਬਿੰਦ॥		Mittehi Paap Japeeai Har Bindh ||	Sins are washed away, chanting the Lord's Name, even for a moment.	ਪ੍ਰਭੂ ਨੂੰ ਰਤਾ ਭਰ ਭੀ ਜਪੀਏ ਤਾਂ ਪਾਪ ਦੂਰ ਹੋ ਜਾਂਦੇ ਹਨ।
12715	281	ਕਰ ਹਰਿ ਕਰਮ ਸ੍ਰਵਨਿ ਹਰਿ ਕਥਾ॥		Kar Har Karam Sravan Har Kathhaa ||	So do the Lord's Work, and listen to the Lord's Sermon.	ਹੱਥਾਂ ਨਾਲ ਪ੍ਰਭੂ (ਦੇ ਰਾਹ) ਦੇ ਕੰਮ ਕਰ ਤੇ ਕੰਨ ਨਾਲ ਉਸ ਦੀ ਵਡਿਆਈ (ਸੁਣ);
12716	281	ਹਰਿ ਦਰਗਹ ਨਾਨਕ ਊਜਲ ਮਥਾ॥੨॥	ਮੱਥਾ	Har Dharageh Naanak Oojal Mathhaa ||2||	In the Lord's Court, O Nanak, your face shall be radiant. ||2||	(ਇਸ ਤਰ੍ਹਾਂ) ਹੇ ਨਾਨਕ! ਪ੍ਰਭੂ ਦੀ ਦਰਗਾਹ ਵਿਚ ਸੁਰਖ਼-ਰੂ ਹੋ ਜਾਈਦਾ ਹੈ ॥੨॥
12717	281	ਬਡਭਾਗੀ ਤੇ ਜਨ ਜਗ ਮਾਹਿ॥	ਬੱਡਭਾਗੀ। ਜੱਗ	Baddabhaagee Thae Jan Jag Maahi ||	Very fortunate are those humble beings in this world,	ਉਹ ਮਨੁੱਖ ਜਗਤ ਵਿਚ ਵੱਡੇ ਭਾਗਾਂ ਵਾਲੇ ਹਨ,
12718	281	ਸਦਾ ਸਦਾ ਹਰਿ ਕੇ ਗੁਨ ਗਾਹਿ॥		Sadhaa Sadhaa Har Kae Gun Gaahi ||	Who sing the Glorious Praises of the Lord, forever and ever.	(ਜੋ) ਸਦਾ ਹੀ ਪ੍ਰਭੂ ਦੇ ਗੁਣ ਗਾਉਂਦੇ ਹਨ।
12719	281	ਰਾਮ ਨਾਮ ਜੋ ਕਰਹਿ ਬੀਚਾਰ॥		Raam Naam Jo Karehi Beechaar ||	Those who dwell upon the Lord's Name,	ਜੋ ਅਕਾਲ ਪੁਰਖ ਦੇ ਨਾਮ ਦਾ ਧਿਆਨ ਕਰਦੇ ਹਨ,
12720	281	ਸੇ ਧਨਵੰਤ ਗਨੀ ਸੰਸਾਰ॥		Sae Dhhanavanth Ganee Sansaar ||	Are the most wealthy and prosperous in the world.	ਉਹ ਮਨੁੱਖ ਜਗਤ ਵਿਚ ਧਨੀ ਹਨ ਤੇ ਰੱਜੇ ਹੋਏ ਹਨ।

12721	281	ਮਨਿ ਤਨਿ ਮੁਖਿ ਬੋਲਹਿ ਹਰਿ ਮੁਖੀ॥	ਮੁਖੀ: ਪੋਲਾ ਬੋਲੋ	Man Than Mukh Bolehi Har Mukhee ||	Those who speak of the Supreme Lord in thought, word and deed	ਜੇਹੜੇ ਭਲੇ ਲੋਕ ਮਨ ਤਨ ਤੇ ਮੂੰਹ ਤੋਂ ਪ੍ਰਭੂ ਦਾ ਨਾਮ ਉਚਾਰਦੇ ਹਨ,
12722	281	ਸਦਾ ਸਦਾ ਜਾਨਹੁ ਤੇ ਸੁਖੀ॥		Sadhaa Sadhaa Jaanahu Thae Sukhee ||	Know that they are peaceful and happy, forever and ever.	ਉਹਨਾਂ ਨੂੰ ਸਦਾ ਸੁਖੀ ਜਾਣੋ।
12723	281	ਏਕੋ ਏਕੁ ਏਕੁ ਪਛਾਨੈ॥		Eaeko Eaek Eaek Pashhaanai ||	One who recognizes the One and only Lord as One,	ਜੋ ਮਨੁੱਖ ਕੇਵਲ ਇਕ ਪ੍ਰਭੂ ਨੂੰ (ਹਰ ਥਾਂ) ਪਛਾਣਦਾ ਹੈ,
12724	281	ਇਤ ਉਤ ਕੀ ਓਹੁ ਸੋਝੀ ਜਾਨੈ॥		Eith Outh Kee Ouhu Sojhee Jaanai ||	Understands this world and the next.	ਉਸ ਨੂੰ ਲੋਕ ਪਰਲੋਕ ਦੀ (ਭਾਵ, ਜੀਵਨ ਦੇ ਸਾਰੇ ਸਫ਼ਰ ਦੀ) ਸਮਝ ਆ ਜਾਂਦੀ ਹੈ।
12725	281	ਨਾਮ ਸੰਗਿ ਜਿਸ ਕਾ ਮਨੁ ਮਾਨਿਆ॥		Naam Sang Jis Kaa Man Maaniaa ||	One whose mind accepts the Company of the Naam,	ਜਿਸ ਮਨੁੱਖ ਦਾ ਮਨ ਪ੍ਰਭੂ ਦੇ ਨਾਮ ਨਾਲ ਰਚ ਮਿਚ ਜਾਂਦਾ ਹੈ,
12726	281	ਨਾਨਕ ਤਿਨਹਿ ਨਿਰੰਜਨੁ ਜਾਨਿਆ॥੩॥	ਤਿਨ-ਹਿ	Naanak Thinehi Niranjan Jaaniaa ||3||	The Name of the Lord, O Nanak, knows the Immaculate Lord. ||3||	ਹੇ ਨਾਨਕ! ਉਸ ਨੇ ਪ੍ਰਭੂ ਨੂੰ ਪਛਾਣ ਲਿਆ ਹੈ ॥੩॥
12727	281	ਗੁਰ ਪ੍ਰਸਾਦਿ ਆਪਨ ਆਪੁ ਸੁਝੈ॥	ਸੁੱਝੈ	Gur Prasaadh Aapan Aap Sujhai ||	By Guru's Grace, one understands himself;	ਜਿਸ ਮਨੁੱਖ ਨੂੰ ਗੁਰੂ ਦੀ ਕਿਰਪਾ ਨਾਲ ਆਪਣਾ ਆਪ ਸੁੱਝ ਪੈਂਦਾ ਹੈ,

12728	281	ਤਿਸ ਕੀ ਜਾਨਹੁ ਤ੍ਰਿਸਨਾ ਬੁਝੈ॥	ਬੁਝੈ: ਪੋਲਾ ਬੋਲੋ	This Kee Jaanahu Thrisanaa Bujhai ||	Know that then, his thirst is quenched.	ਇਹ ਜਾਣ ਲਵੋ ਕਿ ਉਸ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ।
12729	281	ਸਾਧਸੰਗਿ ਹਰਿ ਹਰਿ ਜਸੁ ਕਹਤ॥		Saadhhasang Har Har Jas Kehath ||	In the Company of the Holy, one chants the Praises of the Lord, Har, Har.	ਜੋ ਰੱਬ ਦਾ ਪਿਆਰਾ ਸਤਸੰਗ ਵਿਚ ਅਕਾਲ ਪੁਰਖ ਦੀ ਸਿਫ਼ਤ-ਸਾਲਾਹ ਕਰਦਾ ਹੈ,
12730	281	ਸਰਬ ਰੋਗ ਤੇ ਓਹੁ ਹਰਿ ਜਨੁ ਰਹਤ॥		Sarab Rog Thae Ouhu Har Jan Rehath ||	Such a devotee of the Lord is free of all disease.	ਉਹ ਸਾਰੇ ਰੋਗਾਂ ਤੋਂ ਬਚ ਜਾਂਦਾ ਹੈ।
12731	281	ਅਨ ਦਿਨੁ ਕੀਰਤਨੁ ਕੇਵਲ ਬਖ੍ਯਾਨੁ॥	ਬਖਿਆਨੁ	Anadhin Keerathan Kaeval Bakhyaan ||	Night and day, sing the Kirtan, the Praises of the One Lord.	ਜੋ ਮਨੁੱਖ ਹਰ ਰੋਜ਼ ਪ੍ਰਭੂ ਦਾ ਕੀਰਤਨ ਹੀ ਉੱਚਾਰਦਾ ਹੈ,
12732	281	ਗ੍ਰਿਹਸਤ ਮਹਿ ਸੋਈ ਨਿਰਬਾਨੁ॥	ਗ੍ਰਿਹਸਤ	Grihasath Mehi Soee Nirabaan ||	In the midst of your household, remain balanced and unattached.	ਉਹ ਮਨੁੱਖ ਗ੍ਰਿਹਸਤ ਵਿਚ (ਰਹਿੰਦਾ ਹੋਇਆ) ਨਿਰਲੇਪ ਹੈ।
12733	281	ਏਕ ਊਪਰਿ ਜਿਸੁ ਜਨ ਕੀ ਆਸਾ॥	ਆਸਾ	Eaek Oopar Jis Jan Kee Aasaa ||	One who places his hopes in the One Lord	ਜਿਸ ਮਨੁੱਖ ਦੀ ਆਸ ਇਕ ਅਕਾਲ ਪੁਰਖ ਉੱਤੇ ਹੈ,
12734	281	ਤਿਸ ਕੀ ਕਟੀਐ ਜਮ ਕੀ ਫਾਸਾ॥		This Kee Katteeai Jam Kee Faasaa ||	The noose of Death is cut away from his neck.	ਉਸ ਦੀ ਜਮਾਂ ਵਾਲੀ ਫਾਹੀ ਕੱਟੀ ਜਾਂਦੀ ਹੈ।
12735	281	ਪਾਰਬ੍ਰਹਮ ਕੀ ਜਿਸੁ ਮਨਿ ਭੂਖ॥		Paarabreham Kee Jis Man Bhookh ||	One whose mind hungers for the Supreme Lord God,	ਜਿਸ ਮਨੁੱਖ ਦੇ ਮਨ ਵਿਚ ਪ੍ਰਭੂ (ਦੇ ਮਿਲਣ) ਦੀ ਤਾਂਘ ਹੈ,

12736	281	ਨਾਨਕ ਤਿਸਹਿ ਨ ਲਾਗਹਿ ਦੂਖ॥੪॥		Naanak Thisehi N Laagehi Dhookh ||4||	O Nanak, shall not suffer pain. ||4||	ਹੇ ਨਾਨਕ! ਉਸ ਮਨੁੱਖ ਨੂੰ ਕੋਈ ਦੁੱਖ ਨਹੀਂ ਪੋਂਹਦਾ ॥੪॥
12737	281	ਜਿਸ ਕਉ ਹਰਿ ਪ੍ਰਭੁ ਮਨਿ ਚਿਤਿ ਆਵੈ॥		Jis Ko Har Prabh Man Chith Aavai ||	One who focuses his conscious mind on the Lord God	ਜਿਸ ਮਨੁੱਖ ਨੂੰ ਹਰੀ ਪ੍ਰਭੂ ਮਨ ਵਿਚ ਸਦਾ ਯਾਦ ਰਹਿੰਦਾ ਹੈ,
12738	281	ਸੋ ਸੰਤੁ ਸੁਹੇਲਾ ਨਹੀ ਡੁਲਾਵੈ॥		So Santh Suhaelaa Nehee Ddulaavai ||	- that Saint is at peace; he does not waver.	ਉਹ ਸੰਤ ਹੈ, ਸੁਖੀ ਹੈ (ਉਹ ਕਦੇ) ਘਾਬਰਦਾ ਨਹੀਂ।
12739	281	ਜਿਸੁ ਪ੍ਰਭੁ ਅਪੁਨਾ ਕਿਰਪਾ ਕਰੈ॥		Jis Prabh Apunaa Kirapaa Karai ||	Those unto whom God has granted His Grace	ਜਿਸ ਮਨੁੱਖ ਉਤੇ ਪ੍ਰਭੂ ਆਪਣੀ ਮੇਹਰ ਕਰਦਾ ਹੈ,
12740	281	ਸੋ ਸੇਵਕੁ ਕਹੁ ਕਿਸ ਤੇ ਡਰੈ॥		So Saevak Kahu Kis Thae Ddarai ||	Who do those servants need to fear?	ਦੱਸੋ (ਪ੍ਰਭੂ ਦਾ) ਉਹ ਸੇਵਕ (ਹੋਰ) ਕਿਸ ਤੋਂ ਡਰ ਸਕਦਾ ਹੈ?
12741	281	ਜੈਸਾ ਸਾ ਤੈਸਾ ਦ੍ਰਿਸਟਾਇਆ॥		Jaisaa Saa Thaisaa Dhrisattaaeiaa ||	As God is, so does He appear;	(ਕਿਉਂਕਿ) ਉਸ ਨੂੰ ਪ੍ਰਭੂ ਉਹੋ ਜਿਹਾ ਹੀ ਦਿੱਸ ਪੈਂਦਾ ਹੈ, ਜਿਹੋ ਜਿਹਾ ਉਹ (ਅਸਲ ਵਿਚ) ਹੈ,
12742	281	ਅਪੁਨੇ ਕਾਰਜ ਮਹਿ ਆਪਿ ਸਮਾਇਆ॥		Apunae Kaaraj Mehi Aap Samaaeiaa ||	In His Own creation, He Himself is pervading.	(ਭਾਵ ਇਹ ਦਿੱਸ ਪੈਂਦਾ ਹੈ ਕਿ) ਪ੍ਰਭੂ ਆਪਣੇ ਰਚੇ ਹੋਏ ਜਗਤ ਵਿਚ ਆਪ ਵਿਆਪਕ ਹੈ;
12743	281	ਸੋਧਤ ਸੋਧਤ ਸੋਧਤ ਸੀਝਿਆ॥	ਸੀੱਝਿਆ	Sodhhath Sodhhath Sodhhath Seejhiaa ||	Searching, searching, searching, and finally, success!	ਨਿੱਤ ਵਿਚਾਰ ਕਰਦਿਆਂ (ਉਸ ਸੇਵਕ ਨੂੰ ਵਿਚਾਰ ਵਿਚ) ਸਫਲਤਾ ਹੋ ਜਾਂਦੀ ਹੈ,

12744	281	ਗੁਰ ਪ੍ਰਸਾਦਿ ਤਤੁ ਸਭੁ ਬੂਝਿਆ॥	ਤੱਤੁ। ਬੂੱਝਿਆ	Gur Prasaadh Thath Sabh Boojhiaa ||	By Guru's Grace, the essence of all reality is understood.	(ਭਾਵ) ਗੁਰੂ ਦੀ ਕਿਰਪਾ ਨਾਲ (ਉਸ ਨੂੰ) ਸਾਰੀ ਅਸਲੀਅਤ ਦੀ ਸਮਝ ਆ ਜਾਂਦੀ ਹੈ।
12745	281	ਜਬ ਦੇਖਉ ਤਬ ਸਭੁ ਕਿਛੁ ਮੂਲੁ॥		Jab Dhaekho Thab Sabh Kishh Mool ||	Wherever I look, there I see Him, at the root of all things.	(ਮੇਰੇ ਉਤੇ ਭੀ ਗੁਰੂ ਦੀ ਮੇਹਰ ਹੋਈ ਹੈ, ਹੁਣ) ਮੈਂ ਜਦੋਂ ਤੱਕਦਾ ਹਾਂ ਤਾਂ ਹਰੇਕ ਚੀਜ਼ ਉਸ ਸਭ ਦੇ ਮੁਢ (-ਪ੍ਰਭੂ ਦਾ ਰੂਪ ਦਿੱਸਦੀ ਹੈ),
12746	281	ਨਾਨਕ ਸੋ ਸੂਖਮੁ ਸੋਈ ਅਸਥੂਲੁ॥੫॥		Naanak So Sookham Soee Asathhool ||5||	O Nanak, He is the subtle, and He is also the manifest. ||5||	ਹੇ ਨਾਨਕ! ਇਹ ਦਿੱਸਦਾ ਸੰਸਾਰ ਭੀ ਉਹ ਆਪ ਹੈ ਤੇ ਸਭ ਵਿਚ ਵਿਆਪਕ ਜੋਤਿ ਭੀ ਆਪਿ ਹੀ ਹੈ ॥੫॥
12747	281	ਨਹ ਕਿਛੁ ਜਨਮੈ ਨਹ ਕਿਛੁ ਮਰੈ॥		Neh Kishh Janamai Neh Kishh Marai ||	Nothing is born, and nothing dies.	ਨਾਹ ਕੁਝ ਜੰਮਦਾ ਹੈ ਨਾਹ ਕੁਝ ਮਰਦਾ ਹੈ;
12748	281	ਆਪਨ ਚਲਿਤੁ ਆਪ ਹੀ ਕਰੈ॥	ਚਲਿ-ਤ: ਪੋਲਾ ਬੋਲੋ ਮਿਲਵਾਂ, ਲੱਲੇ ਸਿਹਾਰੀ ਲਾਉ	Aapan Chalith Aap Hee Karai ||	He Himself stages His own drama.	(ਇਹ ਜਨਮ ਮਰਣ ਦਾ ਤਾਂ) ਪ੍ਰਭੂ ਆਪ ਹੀ ਖੇਲ ਕਰ ਰਿਹਾ ਹੈ;
12749	281	ਆਵਨੁ ਜਾਵਨੁ ਦ੍ਰਿਸਟਿ ਅਨਦ੍ਰਿਸਟਿ॥	ਅਨਦ੍ਰਿਸਟਿ	Aavan Jaavan Dhrisatt Anadhrisatt ||	Coming and going, seen and unseen,	ਜੰਮਣਾ, ਮਰਣਾ, ਦਿੱਸਦਾ ਤੇ ਅਣ-ਦਿੱਸਦਾ-
12750	281	ਆਗਿਆਕਾਰੀ ਧਾਰੀ ਸਭ ਸ੍ਰਿਸਟਿ॥		Aagiaakaaree Dhhaaree Sabh Srisatt ||	All the world is obedient to His Will.	ਇਹ ਸਾਰਾ ਸੰਸਾਰ ਪ੍ਰਭੂ ਨੇ ਆਪਣੇ ਹੁਕਮ ਵਿਚ ਤੁਰਨ ਵਾਲਾ ਬਣਾ ਦਿੱਤਾ ਹੈ।

12751	282	ਆਪੇ ਆਪਿ ਸਗਲ ਮਹਿ ਆਪਿ॥		Aapae Aap Sagal Mehi Aap ||	He Himself is All-in-Himself.	ਸਾਰੇ ਜੀਵਾਂ ਵਿਚ ਕੇਵਲ ਆਪ ਹੀ ਹੈ,
12752	282	ਅਨਿਕ ਜੁਗਤਿ ਰਚਿ ਥਾਪਿ ਉਥਾਪਿ॥		Anik Jugath Rach Thhaap Outhhaap ||	In His many ways, He establishes and disestablishes.	ਅਨੇਕਾਂ ਤਰੀਕਿਆਂ ਨਾਲ (ਜਗਤ ਨੂੰ) ਬਣਾ ਬਣਾ ਕੇ ਨਾਸ ਭੀ ਕਰ ਦੇਂਦਾ ਹੈ।
12753	282	ਅਬਿਨਾਸੀ ਨਾਹੀ ਕਿਛੁ ਖੰਡ॥		Abinaasee Naahee Kishh Khandd ||	He is Imperishable; nothing can be broken.	ਪ੍ਰਭੂ ਆਪ ਅਬਿਨਾਸ਼ੀ ਹੈ; ਉਸ ਦਾ ਕੁਝ ਨਾਸ ਨਹੀਂ ਹੁੰਦਾ,
12754	282	ਧਾਰਣ ਧਾਰਿ ਰਹਿਓ ਬ੍ਰਹਮੰਡ॥		Dhhaaran Dhhaar Rehiou Brehamandd ||	He lends His Support to maintain the Universe.	ਸਾਰੇ ਬ੍ਰਹਮੰਡ ਦੀ ਰਚਨਾ ਭੀ ਆਪ ਹੀ ਰਚ ਰਿਹਾ ਹੈ।
12755	282	ਅਲਖ ਅਭੇਵ ਪੁਰਖ ਪਰਤਾਪ॥	ਅ-ਲਖ	Alakh Abhaev Purakh Parathaap ||	Unfathomable and Inscrutable is the Glory of the Lord.	ਉਸ ਵਿਆਪਕ ਪ੍ਰਭੂ ਦੇ ਪ੍ਰਤਾਪ ਦਾ ਭੇਤ ਨਹੀਂ ਪਾਇਆ ਜਾ ਸਕਦਾ, ਬਿਆਨ ਨਹੀਂ ਹੋ ਸਕਦਾ;
12756	282	ਆਪਿ ਜਪਾਏ ਤ ਨਾਨਕ ਜਾਪ॥੬॥		Aap Japaaeae Th Naanak Jaap ||6||	As He inspires us to meditate, O Nanak, so do we meditate. ||6||	ਹੇ ਨਾਨਕ! ਜੇ ਉਹ ਆਪ ਆਪਣਾ ਜਾਪ ਕਰਾਏ ਤਾਂ ਹੀ ਜੀਵ ਜਾਪ ਕਰਦੇ ਹਨ ॥੬॥
12757	282	ਜਿਨ ਪ੍ਰਭੁ ਜਾਤਾ ਸੁ ਸੋਭਾਵੰਤ॥	ਜੱਾਤਾ	Jin Prabh Jaathaa S Sobhaavanth ||	Those who know God are glorious.	ਜਿਨ੍ਹਾਂ ਬੰਦਿਆਂ ਨੇ ਪ੍ਰਭੂ ਨੂੰ ਪਛਾਣ ਲਿਆ, ਉਹ ਸੋਭਾ ਵਾਲੇ ਹੋ ਗਏ;
12758	282	ਸਗਲ ਸੰਸਾਰੁ ਉਧਰੈ ਤਿਨ ਮੰਤ॥		Sagal Sansaar Oudhharai Thin Manth ||	The whole world is redeemed by their teachings.	ਸਾਰਾ ਜਗਤ ਉਹਨਾਂ ਦੇ ਉਪਦੇਸ਼ਾਂ ਨਾਲ (ਵਿਕਾਰਾਂ ਤੋਂ) ਬਚਦਾ ਹੈ।

12759	282	ਪ੍ਰਭ ਕੇ ਸੇਵਕ ਸਗਲ ਉਧਾਰਨ॥		Prabh Kae Saevak Sagal Oudhhaaran ||	God's servants redeem all.	ਹਰੀ ਦੇ ਭਗਤ ਸਭ (ਜੀਵਾਂ) ਨੂੰ ਬਚਾਉਣ ਜੋਗੇ ਹਨ,
12760	282	ਪ੍ਰਭ ਕੇ ਸੇਵਕ ਦੂਖ ਬਿਸਾਰਨ॥		Prabh Kae Saevak Dhookh Bisaaran ||	God's servants cause sorrows to be forgotten.	(ਸਭ ਦੇ) ਦੁੱਖ ਦੂਰ ਕਰਨ ਦੇ ਸਮਰੱਥ ਹੁੰਦੇ ਹਨ।
12761	282	ਆਪੇ ਮੇਲਿ ਲਏ ਕਿਰਪਾਲ॥		Aapae Mael Leae Kirapaal ||	The Merciful Lord unites them with Himself.	(ਸੇਵਕਾਂ ਨੂੰ) ਕਿਰਪਾਲ ਪ੍ਰਭੂ ਆਪ (ਆਪਣੇ ਨਾਲ) ਮਿਲਾ ਲੈਂਦਾ ਹੈ,
12762	282	ਗੁਰ ਕਾ ਸਬਦੁ ਜਪਿ ਭਏ ਨਿਹਾਲ॥		Gur Kaa Sabadh Jap Bheae Nihaal ||	Chanting the Word of the Guru's Shabad, they become ecstatic.	ਸਤਿਗੁਰੂ ਦਾ ਸ਼ਬਦ ਜਪ ਕੇ ਉਹ (ਫੁੱਲ ਵਾਂਗ) ਖਿੜ ਆਉਂਦੇ ਹਨ।
12763	282	ਉਨ ਕੀ ਸੇਵਾ ਸੋਈ ਲਾਗੈ॥		Oun Kee Saevaa Soee Laagai ||	He alone is committed to serve them,	ਉਹੀ ਮਨੁੱਖ ਉਹਨਾਂ (ਸੇਵਕਾਂ) ਦੀ ਸੇਵਾ ਵਿਚ ਰੁੱਝਦਾ ਹੈ,
12764	282	ਜਿਸ ਨੋ ਕ੍ਰਿਪਾ ਕਰਹਿ ਬਡਭਾਗੈ॥	ਕਰ-ਹਿ। ਬੱਡਭਾਗੈ	Jis No Kirapaa Karehi Baddabhaagai ||	Upon whom God bestows His Mercy, by great good fortune.	ਜਿਸ ਭਾਗਾਂ ਵਾਲੇ ਉਤੇ, (ਹੇ ਪ੍ਰਭੂ!) ਤੂੰ ਆਪ ਮੇਹਰ ਕਰਦਾ ਹੈਂ।
12765	282	ਨਾਮੁ ਜਪਤ ਪਾਵਹਿ ਬਿਸ੍ਰਾਮੁ॥		Naam Japath Paavehi Bisraam ||	Those who chant the Naam find their place of rest.	(ਉਹ ਸੇਵਕ) ਨਾਮ ਜਪ ਕੇ ਅਡੋਲ ਅਵਸਥਾ ਹਾਸਲ ਕਰਦੇ ਹਨ;
12766	282	ਨਾਨਕ ਤਿਨ ਪੁਰਖ ਕਉ ਊਤਮ ਕਰਿ ਮਾਨੁ ॥੭॥		Naanak Thin Purakh Ko Ootham Kar Maan ||7||	O Nanak, respect those persons as the most noble. ||7||	ਹੇ ਨਾਨਕ! ਉਹਨਾਂ ਮਨੁੱਖਾਂ ਨੂੰ ਬੜੇ ਉੱਚੇ ਬੰਦੇ ਸਮਝੋ ॥੭॥

12767	282	ਜੋ ਕਿਛੁ ਕਰੈ ਸੁ ਪ੍ਰਭ ਕੈ ਰੰਗਿ॥		Jo Kishh Karai S Prabh Kai Rang ||	Whatever you do, do it for the Love of God.	(ਪ੍ਰਭੂ ਦਾ ਸੇਵਕ) ਜੋ ਕੁਝ ਕਰਦਾ ਹੈ, ਪ੍ਰਭੂ ਦੀ ਰਜ਼ਾ ਵਿਚ (ਰਹਿ ਕੇ) ਕਰਦਾ ਹੈ,
12768	282	ਸਦਾ ਸਦਾ ਬਸੈ ਹਰਿ ਸੰਗਿ॥	ਬਸੈ: ਪੋਲਾ ਬੋਲੋ	Sadhaa Sadhaa Basai Har Sang ||	Forever and ever, abide with the Lord.	ਤੇ ਸਦਾ ਹੀ ਪ੍ਰਭੂ ਦੀ ਹਜ਼ੂਰੀ ਵਿਚ ਵੱਸਦਾ ਹੈ।
12769	282	ਸਹਜ ਸੁਭਾਇ ਹੋਵੈ ਸੋ ਹੋਇ॥		Sehaj Subhaae Hovai So Hoe ||	By its own natural course, whatever will be will be.	ਸੁਤੇ ਹੀ ਜੋ ਕੁਝ ਹੁੰਦਾ ਹੈ ਉਸ ਨੂੰ ਪ੍ਰਭੂ ਦਾ ਭਾਣਾ ਜਾਣਦਾ ਹੈ,
12770	282	ਕਰਣੈਹਾਰੁ ਪਛਾਣੈ ਸੋਇ॥		Karanaihaar Pashhaanai Soe ||	Acknowledge that Creator Lord;	ਤੇ ਸਭ ਕੁਝ ਕਰਨ ਵਾਲਾ ਪ੍ਰਭੂ ਨੂੰ ਹੀ ਸਮਝਦਾ ਹੈ।
12771	282	ਪ੍ਰਭ ਕਾ ਕੀਆ ਜਨ ਮੀਠ ਲਗਾਨਾ॥		Prabh Kaa Keeaa Jan Meeth Lagaanaa ||	God's doings are sweet to His humble servant.	(ਪ੍ਰਭੂ ਦੇ) ਸੇਵਕਾਂ ਨੂੰ ਪ੍ਰਭੂ ਦਾ ਕੀਤਾ ਹੋਇਆ ਮਿੱਠਾ ਲੱਗਦਾ ਹੈ,
12772	282	ਜੈਸਾ ਸਾ ਤੈਸਾ ਦ੍ਰਿਸਟਾਨਾ॥	ਦਿ ਸ੍ਰਟਾਨਾ	Jaisaa Saa Thaisaa Dhrisattaanaa ||	As He is, so does He appear.	(ਕਿਉਂਕਿ) ਪ੍ਰਭੂ ਜਿਹੋ ਜਿਹਾ (ਸਰਬ-ਵਿਆਪਕ) ਹੈ ਉਹੋ ਜਿਹਾ ਉਹਨਾਂ ਨੂੰ ਨਜ਼ਰੀਂ ਆਉਂਦਾ ਹੈ।
12773	282	ਜਿਸ ਤੇ ਉਪਜੇ ਤਿਸੁ ਮਾਹਿ ਸਮਾਏ॥		Jis Thae Oupajae This Maahi Samaaeae ||	From Him we came, and into Him we shall merge again.	ਜਿਸ ਪ੍ਰਭੂ ਤੋਂ ਉਹ ਸੇਵਕ ਪੈਦਾ ਹੋਏ ਹਨ, ਉਸੇ ਵਿਚ ਲੀਨ ਰਹਿੰਦੇ ਹਨ,
12774	282	ਓਇ ਸੁਖ ਨਿਧਾਨ ਉਨਹੂ ਬਨਿ ਆਏ॥	ਉਨ-ਹੂ	Oue Sukh Nidhhaan Ounehoo Ban Aaeae ||	He is the treasure of peace, and so does His servant become.	ਉਹ ਸੁਖਾਂ ਦਾ ਖ਼ਜ਼ਾਨਾ ਹੋ ਜਾਂਦੇ ਹਨ ਤੇ ਇਹ ਦਰਜਾ ਫੱਬਦਾ ਭੀ ਉਹਨਾਂ ਨੂੰ ਹੀ ਹੈ।

12775	282	ਆਪਸ ਕਉ ਆਪਿ ਦੀਨੋ ਮਾਨੁ॥		Aapas Ko Aap Dheeno Maan ||	Unto His own, He has given His honor.	(ਸੇਵਕ ਨੂੰ ਮਾਣ ਦੇ ਕੇ) ਪ੍ਰਭੂ ਆਪਣੇ ਆਪ ਨੂੰ ਆਪ ਮਾਣ ਦੇਂਦਾ ਹੈ (ਕਿਉਂਕਿ ਸੇਵਕ ਦਾ ਮਾਣ ਪ੍ਰਭੂ ਦਾ ਹੀ ਮਾਣ ਹੈ)
12776	282	ਨਾਨਕ ਪ੍ਰਭ ਜਨੁ ਏਕੋ ਜਾਨੁ ॥੮॥੧੪॥		Naanak Prabh Jan Eaeko Jaan ||8||14||	O Nanak, know that God and His humble servant are one and the same. ||8||14||	ਹੇ ਨਾਨਕ! ਪ੍ਰਭੂ ਤੇ ਪ੍ਰਭੂ ਦੇ ਸੇਵਕ ਨੂੰ ਇਕ ਰੂਪ ਸਮਝੋ ॥੮॥੧੪॥
12777	282	ਸਲੋਕੁ॥		Salok ||	Shalok:	
12778	282	ਸਰਬ ਕਲਾ ਭਰਪੂਰ ਪ੍ਰਭ ਬਿਰਥਾ ਜਾਨਨਹਾਰ॥		Sarab Kalaa Bharapoor Prabh Birathhaa Jaananehaar ||	God is totally imbued with all powers; He is the Knower of our troubles.	ਪ੍ਰਭੂ ਸਾਰੀਆਂ ਸ਼ਕਤੀਆਂ ਨਾਲ ਪੂਰਨ ਹੈ, (ਸਭ ਜੀਵਾਂ ਦੇ) ਦੁੱਖ-ਦਰਦ ਜਾਣਦਾ ਹੈ।
12779	282	ਜਾ ਕੈ ਸਿਮਰਨਿ ਉਧਰੀਐ ਨਾਨਕ ਤਿਸੁ ਬਲਿਹਾਰ॥੧॥	ਦੂਜਿਆਂ ਨੂੰ ਉ-ਧਰੀਐ ਉਧਾਰੀਦਾ ਹੈ	Jaa Kai Simaran Oudhhareeai Naanak This Balihaar ||1||	Meditating in remembrance on Him, we are saved; Nanak is a sacrifice to Him. ||1||	ਹੇ ਨਾਨਕ! ਜਿਸ (ਐਸੇ ਪ੍ਰਭੂ) ਦੇ ਸਿਮਰਨ ਨਾਲ (ਵਿਕਾਰਾਂ ਤੋਂ) ਬਚ ਸਕੀਦਾ ਹੈ, ਉਸ ਤੋਂ (ਸਦਾ) ਸਦਕੇ ਜਾਈਏ ॥੧॥
12780	282	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ।	Asattapadhee ||	Ashtapadee:	
12781	282	ਟੂਟੀ ਗਾਢਨਹਾਰ ਗੋਪਾਲ॥	ਗਾਢਨ-ਹਾਰ। ਗੋਪਾਲ:ਹੋੜੇ ਔਂਕੜ ਵਿਚਕਾਰਲੀ ਅਵਾਜ ਬੋਲੋ	Ttoottee Gaadtanehaar Guopaal ||	The Lord of the World is the Mender of the broken.	(ਜੀਵਾਂ ਦੀ ਦਿਲ ਦੀ) ਟੁੱਟੀ ਹੋਈ (ਤਾਰ) ਨੂੰ (ਆਪਣੇ ਨਾਲ) ਗੰਢਣ ਵਾਲਾ ਗੋਪਾਲ ਪ੍ਰਭੂ ਆਪ ਹੈ।

12782	282	ਸਰਬ ਜੀਆ ਆਪੇ ਪ੍ਰਤਿਪਾਲ॥		Sarab Jeeaa Aapae Prathipaal ||	He Himself cherishes all beings.	ਸਾਰੇ ਜੀਵਾਂ ਦੀ ਪਾਲਣਾ ਕਰਨ ਵਾਲਾ (ਭੀ ਆਪ) ਹੈ।
12783	282	ਸਗਲ ਕੀ ਚਿੰਤਾ ਜਿਸੁ ਮਨ ਮਾਹਿ॥		Sagal Kee Chinthaa Jis Man Maahi ||	The cares of all are on His Mind;	ਜਿਸ ਪ੍ਰਭੂ ਨੂੰ ਆਪਣੇ ਮਨ ਵਿਚ ਸਾਰਿਆਂ (ਦੀ ਰੋਜ਼ੀ) ਦਾ ਫ਼ਿਕਰ ਹੈ,
12784	282	ਤਿਸ ਤੇ ਬਿਰਥਾ ਕੋਈ ਨਾਹਿ॥		This Thae Birathhaa Koee Naahi ||	No one is turned away from Him.	ਉਸ (ਦੇ ਦਰ) ਤੋਂ ਕੋਈ ਜੀਵ ਨਾ-ਉਮੈਦ ਨਹੀਂ (ਆਉਂਦਾ)।
12785	282	ਰੇ ਮਨ ਮੇਰੇ ਸਦਾ ਹਰਿ ਜਾਪਿ॥		Rae Man Maerae Sadhaa Har Jaap ||	O my mind, meditate forever on the Lord.	ਹੇ ਮੇਰੇ ਮਨ! ਸਦਾ ਪ੍ਰਭੂ ਨੂੰ ਜਪ,
12786	282	ਅਬਿਨਾਸੀ ਪ੍ਰਭੁ ਆਪੇ ਆਪਿ॥		Abinaasee Prabh Aapae Aap ||	The Imperishable Lord God is Himself All-in-all.	ਉਹ ਨਾਸ-ਰਹਿਤ ਹੈ ਤੇ ਆਪਣੇ ਜਿਹਾ ਆਪ ਹੀ ਹੈ।
12787	282	ਆਪਨ ਕੀਆ ਕਛੂ ਨ ਹੋਇ॥		Aapan Keeaa Kashhoo N Hoe ||	By one's own actions, nothing is accomplished,	ਪ੍ਰਾਣੀ ਦਾ ਆਪਣੇ ਜਤਨ ਨਾਲ ਕੀਤਾ ਹੋਇਆ ਕੋਈ ਕੰਮ ਸਿਰੇ ਨਹੀਂ ਚੜ੍ਹਦਾ,
12788	282	ਜੇ ਸਉ ਪ੍ਰਾਨੀ ਲੋਚੈ ਕੋਇ॥		Jae So Praanee Lochai Koe ||	Even though the mortal may wish it so, hundreds of times.	ਜੇ ਕੋਈ ਪ੍ਰਾਣੀ ਸੌ ਵਾਰੀ ਤਾਂਘ ਕਰੇ।
12789	282	ਤਿਸੁ ਬਿਨੁ ਨਾਹੀ ਤੇਰੈ ਕਿਛੁ ਕਾਮ॥		This Bin Naahee Thaerai Kishh Kaam ||	Without Him, nothing is of any use to you.	ਉਸ ਪ੍ਰਭੂ ਤੋਂ ਬਿਨਾ ਹੋਰ ਕੋਈ ਚੀਜ਼ ਤੇਰੇ (ਅਸਲੀ) ਕੰਮ ਦੀ ਨਹੀਂ ਹੈ,
12790	282	ਗਤਿ ਨਾਨਕ ਜਪਿ ਏਕ ਹਰਿ ਨਾਮ॥੧॥		Gath Naanak Jap Eaek Har Naam ||1||	Salvation, O Nanak, is attained by chanting the Name of the One Lord. ||1||	ਹੇ ਨਾਨਕ! ਇਕ ਪ੍ਰਭੂ ਦਾ ਨਾਮ ਜਪ ਤਾਂ ਗਤਿ ਹੋਵੇਗੀ ॥੧॥

12791	282	ਰੂਪਵੰਤੁ ਹੋਇ ਨਾਹੀ ਮੋਹੈ॥		Roopavanth Hoe Naahee Mohai ||	One who is good-looking should not be vain;	ਰੂਪ ਵਾਲਾ ਹੋ ਕੇ ਕੋਈ ਪ੍ਰਾਣੀ (ਰੂਪ ਦਾ) ਮਾਣ ਨਾਹ ਕਰੇ,
12792	282	ਪ੍ਰਭ ਕੀ ਜੋਤਿ ਸਗਲ ਘਟ ਸੋਹੈ॥		Prabh Kee Joth Sagal Ghatt Sohai ||	The Light of God is in all hearts.	(ਕਿਉਂਕ) ਸਾਰੇ ਸਰੀਰਾਂ ਵਿਚ ਪ੍ਰਭੂ ਦੀ ਹੀ ਜੋਤਿ ਸੋਭਦੀ ਹੈ।
12793	282	ਧਨਵੰਤਾ ਹੋਇ ਕਿਆ ਕੋ ਗਰਬੈ॥		Dhhanavanthaa Hoe Kiaa Ko Garabai ||	Why should anyone be proud of being rich?	ਧਨ ਵਾਲਾ ਹੋ ਕੇ ਕੀਹ ਕੋਈ ਮਨੁੱਖ ਅਹੰਕਾਰ ਕਰੇ,
12794	282	ਜਾ ਸਭੁ ਕਿਛੁ ਤਿਸ ਕਾ ਦੀਆ ਦਰਬੈ॥		Jaa Sabh Kishh This Kaa Dheeaa Dharabai ||	All riches are His gifts.	ਜਦੋਂ ਸਾਰਾ ਧਨ ਉਸ ਪ੍ਰਭੂ ਦਾ ਹੀ ਬਖ਼ਸ਼ਿਆ ਹੋਇਆ ਹੈ?
12795	282	ਅਤਿ ਸੂਰਾ ਜੇ ਕੋਊ ਕਹਾਵੈ॥		Ath Sooraa Jae Kooo Kehaavai ||	One may call himself a great hero,	ਜੇ ਕੋਈ ਮਨੁੱਖ (ਆਪਣੇ ਆਪ ਨੂੰ) ਬੜਾ ਸੂਰਮਾ ਅਖਵਾਏ,
12796	282	ਪ੍ਰਭ ਕੀ ਕਲਾ ਬਿਨਾ ਕਹ ਧਾਵੈ॥		Prabh Kee Kalaa Binaa Keh Dhhaavai ||	But without God's Power, what can anyone do?	(ਤਾਂ ਰਤਾ ਇਹ ਤਾਂ ਸੋਚੇ ਕਿ) ਪ੍ਰਭੂ ਦੀ (ਦਿੱਤੀ ਹੋਈ) ਤਾਕਤ ਤੋਂ ਬਿਨਾ ਕਿਥੇ ਦੌੜ ਸਕਦਾ ਹੈ।
12797	282	ਜੇ ਕੋ ਹੋਇ ਬਹੈ ਦਾਤਾਰੁ॥		Jae Ko Hoe Behai Dhaathaar ||	One who brags about giving to charities	ਜੇ ਕੋਈ ਬੰਦਾ (ਧਨਾਢ ਹੋ ਕੇ) ਦਾਤਾ ਬਣ ਬੈਠੇ,
12798	282	ਤਿਸੁ ਦੇਨਹਾਰੁ ਜਾਨੈ ਗਾਵਾਰੁ॥		This Dhaenehaar Jaanai Gaavaar ||	The Great Giver shall judge him to be a fool.	ਤਾਂ ਉਹ ਮੂਰਖ ਉਸ ਪ੍ਰਭੂ ਨੂੰ ਪਛਾਣੇ ਜੋ (ਸਭ ਜੀਵਾਂ ਨੂੰ) ਦੇਣ ਜੋਗਾ ਹੈ।

12799	282	ਜਿਸੁ ਗੁਰ ਪ੍ਰਸਾਦਿ ਤੂਟੈ ਹਉ ਰੋਗੁ॥		Jis Gur Prasaadh Thoottai Ho Rog ||	One who, by Guru's Grace, is cured of the disease of ego	ਜਿਸ ਦਾ ਅਹੰਕਾਰ ਰੂਪੀ ਰੋਗ ਗੁਰੂ ਦੀ ਕਿਰਪਾ ਨਾਲ ਦੂਰ ਹੁੰਦਾ ਹੈ,
12800	282	ਨਾਨਕ ਸੋ ਜਨੁ ਸਦਾ ਅਰੋਗੁ॥੨॥		Naanak So Jan Sadhaa Arog ||2||	- O Nanak, that person is forever healthy. ||2||	ਹੇ ਨਾਨਕ! ਉਹ ਮਨੁੱਖ ਸਦਾ ਨਿਰੋਆ ਹੈ ॥੨॥
12801	282	ਜਿਉ ਮੰਦਰ ਕਉ ਥਾਮੈ ਥੰਮਨੁ॥		Jio Mandhar Ko Thhaamai Thhanman ||	As a palace is supported by its pillars,	ਜਿਵੇਂ ਘਰ (ਦੇ ਛੱਤ) ਨੂੰ ਥੰਮ੍ਹ ਸਹਾਰਾ ਦੇਂਦਾ ਹੈ,
12802	282	ਤਿਉ ਗੁਰ ਕਾ ਸਬਦੁ ਮਨਹਿ ਅਸਥੰਮਨੁ॥	ਮਨਹਿ। (ਅਸਥੰਮਨੁ) ਥੰਮਨ ਵਾਲੇ	Thio Gur Kaa Sabadh Manehi Asathhanman ||	So does the Guru's Word support the mind.	ਤਿਵੇਂ ਗੁਰੂ ਦਾ ਸ਼ਬਦ ਮਨ ਦਾ ਸਹਾਰਾ ਹੈ।
12803	282	ਜਿਉ ਪਾਖਾਣੁ ਨਾਵ ਚੜਿ ਤਰੈ॥	ਚੜ੍ਹਿ	Jio Paakhaan Naav Charr Tharai ||	As a stone placed in a boat can cross over the river,	ਜਿਵੇਂ ਪੱਥਰ ਬੇੜੀ ਵਿਚ ਚੜ੍ਹ ਕੇ (ਨਦੀ ਆਦਿਕ ਤੋਂ) ਪਾਰ ਲੰਘ ਜਾਂਦਾ ਹੈ,
12804	282	ਪ੍ਰਾਣੀ ਗੁਰ ਚਰਣ ਲਗਤੁ ਨਿਸਤਰੈ॥		Praanee Gur Charan Lagath Nisatharai ||	So is the mortal saved, grasping hold of the Guru's Feet.	ਤਿਵੇਂ ਗੁਰੂ ਦੀ ਚਰਨੀਂ ਲੱਗਾ ਹੋਇਆ ਬੰਦਾ (ਸੰਸਾਰ-ਸਮੁੰਦਰ ਤੋਂ) ਤਰ ਜਾਂਦਾ ਹੈ।
12805	282	ਜਿਉ ਅੰਧਕਾਰ ਦੀਪਕ ਪਰਗਾਸੁ॥		Jio Andhhakaar Dheepak Paragaas ||	As the darkness is illuminated by the lamp,	ਜਿਵੇਂ ਦੀਵਾ ਹਨੇਰਾ (ਦੂਰ ਕਰ ਕੇ) ਚਾਨਣ ਕਰ ਦੇਂਦਾ ਹੈ,
12806	282	ਗੁਰ ਦਰਸਨੁ ਦੇਖਿ ਮਨਿ ਹੋਇ ਬਿਗਾਸੁ॥		Gur Dharasan Dhaekh Man Hoe Bigaas ||	So does the mind blossom forth, beholding the Blessed Vision of the Guru's Darshan.	ਤਿਵੇਂ ਗੁਰੂ ਦਾ ਦੀਦਾਰ ਕਰ ਕੇ ਮਨ ਵਿਚ ਖਿੜਾਉ (ਪੈਦਾ) ਹੋ ਜਾਂਦਾ ਹੈ।

12807	282	ਜਿਉ ਮਹਾ ਉਦਿਆਨ ਮਹਿ ਮਾਰਗੁ ਪਾਵੈ॥		Jio Mehaa Oudhiaan Mehi Maarag Paavai ||	The path is found through the great wilderness by joining the Saadh Sangat,	ਜਿਵੇਂ (ਕਿਸੇ) ਵੱਡੇ ਜੰਗਲ ਵਿਚ (ਖੁੰਝੇ ਹੋਏ ਨੂੰ) ਰਾਹ ਲੱਭ ਪਏ,
12808	282	ਤਿਉ ਸਾਧੂਸੰਗਿ ਮਿਲਿ ਜੋਤਿ ਪ੍ਰਗਟਾਵੈ॥		Thio Saadhhoo Sang Mil Joth Pragattaavai ||	The Company of the Holy, and one's light shines forth.	ਤਿਵੇਂ ਸਾਧੂ ਦੀ ਸੰਗਤ ਵਿਚ ਬੈਠਿਆਂ (ਅਕਾਲ ਪੁਰਖ ਦੀ) ਜੋਤਿ (ਮਨੁੱਖ ਦੇ ਅੰਦਰ) ਪ੍ਰਗਟਦੀ ਹੈ।
12809	282	ਤਿਨ ਸੰਤਨ ਕੀ ਬਾਛਉ ਧੂਰਿ॥		Thin Santhan Kee Baashho Dhhoor ||	I seek the dust of the feet of those Saints;	ਮੈਂ ਉਹਨਾਂ ਸੰਤਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ।
12810	282	ਨਾਨਕ ਕੀ ਹਰਿ ਲੋਚਾ ਪੂਰਿ॥੩॥		Naanak Kee Har Lochaa Poor ||3||	O Lord, fulfill Nanak's longing! ||3||	ਹੇ ਪ੍ਰਭੂ! ਨਾਨਕ ਦੀ ਇਹ ਖ਼ਾਹਸ਼ ਪੂਰੀ ਕਰ ॥੩॥
12811	282	ਮਨ ਮੂਰਖ ਕਾਹੇ ਬਿਲਲਾਈਐ॥		Man Moorakh Kaahae Bilalaaeeai ||	O foolish mind, why do you cry and bewail?	ਹੇ ਮੂਰਖ ਮਨ! (ਦੁੱਖ ਮਿਲਣ ਤੇ) ਕਿਉਂ ਵਿਲਕਦਾ ਹੈਂ?
12812	283	ਪੁਰਬ ਲਿਖੇ ਕਾ ਲਿਖਿਆ ਪਾਈਐ॥		Purab Likhae Kaa Likhiaa Paaeeai ||	You shall obtain your pre-ordained destiny.	ਪਿਛਲੇ ਬੀਜੇ ਦਾ ਫਲ ਹੀ ਖਾਣਾ ਪੈਂਦਾ ਹੈ।
12813	283	ਦੂਖ ਸੂਖ ਪ੍ਰਭ ਦੇਵਨਹਾਰੁ॥		Dhookh Sookh Prabh Dhaevanehaar ||	God is the Giver of pain and pleasure.	ਦੁੱਖ ਸੁਖ ਦੇਣ ਵਾਲਾ ਪ੍ਰਭੂ ਆਪ ਹੈ,

12814	283	ਅਵਰ ਤਿਆਗਿ ਤੂ ਤਿਸਹਿ ਚਿਤਾਰੁ॥		Avar Thiaag Thoo Thisehi Chithaar ||	Abandon others, and think of Him alone.	(ਤਾਂ ਤੇ) ਹੋਰ (ਆਸਰੇ) ਛੱਡ ਕੇ ਤੂੰ ਉਸੇ ਨੂੰ ਯਾਦ ਕਰ।
12815	283	ਜੋ ਕਛੁ ਕਰੈ ਸੋਈ ਸੁਖੁ ਮਾਨੁ॥		Jo Kashh Karai Soee Sukh Maan ||	Whatever He does - take comfort in that.	ਜੋ ਕੁਝ ਪ੍ਰਭੂ ਕਰਦਾ ਹੈ ਉਸੇ ਨੂੰ ਸੁਖ ਸਮਝ।
12816	283	ਭੂਲਾ ਕਾਹੇ ਫਿਰਹਿ ਅਜਾਨ॥		Bhoolaa Kaahae Firehi Ajaan ||	Why do you wander around, you ignorant fool?	ਹੇ ਅੰਞਾਣ! ਕਿਉ ਭੁੱਲਿਆਂ ਫਿਰਦਾ ਹੈਂ?
12817	283	ਕਉਨ ਬਸਤੁ ਆਈ ਤੇਰੈ ਸੰਗ॥		Koun Basath Aaee Thaerai Sang ||	What things did you bring with you?	(ਦੱਸ) ਕੇਹੜੀ ਚੀਜ਼ ਤੇਰੇ ਨਾਲ ਆਈ ਸੀ।
12818	283	ਲਪਟਿ ਰਹਿਓ ਰਸਿ ਲੋਭੀ ਪਤੰਗ॥		Lapatt Rehiou Ras Lobhee Pathang ||	You cling to worldly pleasures like a greedy moth.	ਹੇ ਲੋਭੀ ਭੰਬਟ! ਤੂੰ (ਮਾਇਆ ਦੇ) ਸੁਆਦ ਵਿਚ ਮਸਤ ਹੋ ਰਿਹਾ ਹੈਂ।
12819	283	ਰਾਮ ਨਾਮ ਜਪਿ ਹਿਰਦੇ ਮਾਹਿ॥		Raam Naam Jap Hiradhae Maahi ||	Dwell upon the Lord's Name in your heart.	ਹਿਰਦੇ ਵਿਚ ਪ੍ਰਭੂ ਦਾ ਨਾਮ ਜਪ,
12820	283	ਨਾਨਕ ਪਤਿ ਸੇਤੀ ਘਰਿ ਜਾਹਿ॥੪॥	ਪਤਿ: ਪੋਲਾ ਬੋਲੋ, ਸੇੱਤੀ	Naanak Path Saethee Ghar Jaahi ||4||	O Nanak, thus you shall return to your home with honor. ||4||	ਹੇ ਨਾਨਕ! (ਇਸੇ ਤਰ੍ਹਾਂ) ਇੱਜ਼ਤ ਨਾਲ (ਪਰਲੋਕ ਵਾਲੇ) ਘਰ ਵਿਚ ਜਾਵਹਿਂਗਾ ॥੪॥
12821	283	ਜਿਸੁ ਵਖਰ ਕਉ ਲੈਨਿ ਤੂ ਆਇਆ॥		Jis Vakhar Ko Lain Thoo Aaeiaa ||	This merchandise, which you have come to obtai	(ਹੇ ਭਾਈ!) ਜੇਹੜਾ ਸੌਦਾ ਖ਼ਰੀਦਣ ਵਾਸਤੇ ਤੂੰ (ਜਗਤ ਵਿਚ) ਆਇਆ ਹੈਂ,

12822	283	ਰਾਮ ਨਾਮੁ ਸੰਤਨ ਘਰਿ ਪਾਇਆ॥		Raam Naam Santhan Ghar Paaeiaa ||	N - the Lord's Name is obtained in the home of the Saints.	ਉਹ ਰਾਮ ਨਾਮ (-ਰੂਪੀ ਸੌਦਾ) ਸੰਤਾਂ ਦੇ ਘਰ ਵਿਚ ਮਿਲਦਾ ਹੈ।
12823	283	ਤਜਿ ਅਭਿਮਾਨੁ ਲੇਹੁ ਮਨ ਮੋਲਿ॥		Thaj Abhimaan Laehu Man Mol ||	Renounce your egotistical pride, and with your mind,	(ਇਸ ਵਾਸਤੇ) ਅਹੰਕਾਰ ਛੱਡ ਦੇਹ, ਤੇ ਮਨ ਦੇ ਵੱਟੇ (ਇਹ ਵੱਖਰ) ਖ਼ਰੀਦ ਲੈ,
12824	283	ਰਾਮ ਨਾਮੁ ਹਿਰਦੇ ਮਹਿ ਤੋਲਿ॥		Raam Naam Hiradhae Mehi Thol ||	Purchase the Lord's Name - measure it out within your heart.	ਅਤੇ ਪ੍ਰਭੂ ਦਾ ਨਾਮ ਹਿਰਦੇ ਵਿਚ ਪਰਖ।
12825	283	ਲਾਦਿ ਖੇਪ ਸੰਤਹ ਸੰਗਿ ਚਾਲੁ॥		Laadh Khaep Santheh Sang Chaal ||	Load up this merchandise, and set out with the Saints.	ਸੰਤਾਂ ਦੇ ਸੰਗ ਤੁਰ ਤੇ ਰਾਮ ਨਾਮ ਦਾ ਇਹ ਸੌਦਾ ਲੱਦ ਲੈ,
12826	283	ਅਵਰ ਤਿਆਗਿ ਬਿਖਿਆ ਜੰਜਾਲ॥		Avar Thiaag Bikhiaa Janjaal ||	Give up other corrupt entanglements.	ਮਾਇਆ ਦੇ ਹੋਰ ਧੰਧੇ ਛੱਡ ਦੇਹ।
12827	283	ਧੰਨਿ ਧੰਨਿ ਕਹੈ ਸਭੁ ਕੋਇ॥		Dhann Dhann Kehai Sabh Koe ||	"Blessed, blessed", everyone will call you,	(ਜੇ ਇਹ ਉੱਦਮ ਕਰਹਿਂਗਾ ਤਾਂ) ਹਰੇਕ ਜੀਵ ਤੈਨੂੰ ਸ਼ਾਬਾਸ਼ੇ ਆਖੇਗਾ,
12828	283	ਮੁਖ ਊਜਲ ਹਰਿ ਦਰਗਹ ਸੋਇ॥		Mukh Oojal Har Dharageh Soe ||	And your face shall be radiant in the Court of the Lord.	ਤੇ ਪ੍ਰਭੂ ਦੀ ਦਰਗਾਹ ਵਿਚ ਭੀ ਤੇਰਾ ਮੂੰਹ ਉਜਲਾ ਹੋਵੇਗਾ।
12829	283	ਇਹੁ ਵਾਪਾਰੁ ਵਿਰਲਾ ਵਾਪਾਰੈ॥		Eihu Vaapaar Viralaa Vaapaarai ||	In this trade, only a few are trading.	(ਪਰ) ਇਹ ਵਪਾਰ ਕੋਈ ਵਿਰਲਾ ਬੰਦਾ ਕਰਦਾ ਹੈ।
12830	283	ਨਾਨਕ ਤਾ ਕੈ ਸਦ ਬਲਿਹਾਰੈ॥੫॥		Naanak Thaa Kai Sadh Balihaarai ||5||	Nanak is forever a sacrifice to them. ||5||	ਹੇ ਨਾਨਕ! ਅਜੇਹੇ (ਵਪਾਰੀ) ਤੋਂ ਸਦਾ ਸਦਕੇ ਜਾਈਏ ॥੫॥

12831	283	ਚਰਨ ਸਾਧ ਕੇ ਧੋਇ ਧੋਇ ਪੀਉ॥		Charan Saadhh Kae Dhhoe Dhhoe Peeo ||	Wash the feet of the Holy, and drink in this water.	(ਹੇ ਭਾਈ!) ਸਾਧੂ ਜਨਾਂ ਦੇ ਪੈਰ ਧੋ ਧੋ ਕੇ (ਨਾਮ-ਜਲ) ਪੀ,
12832	283	ਅਰਪਿ ਸਾਧ ਕਉ ਅਪਨਾ ਜੀਉ॥		Arap Saadhh Ko Apanaa Jeeo ||	Dedicate your soul to the Holy.	ਸਾਧ-ਜਨ ਤੋਂ ਆਪਣੀ ਜਿੰਦ ਭੀ ਵਾਰ ਦੇਹ।
12833	283	ਸਾਧ ਕੀ ਧੂਰਿ ਕਰਹੁ ਇਸਨਾਨੁ॥		Saadhh Kee Dhhoor Karahu Eisanaan ||	Take your cleansing bath in the dust of the feet of the Holy.	ਗੁਰਮੁਖ ਮਨੁੱਖ ਦੇ ਪੈਰਾਂ ਦੀ ਖ਼ਾਕ ਵਿਚ ਇਸ਼ਨਾਨ ਕਰ,
12834	283	ਸਾਧ ਊਪਰਿ ਜਾਈਐ ਕੁਰਬਾਨੁ॥		Saadhh Oopar Jaaeeai Kurabaan ||	To the Holy, make your life a sacrifice.	ਗੁਰਮੁਖ ਤੋਂ ਸਦਕੇ ਹੋਹੁ।
12835	283	ਸਾਧ ਸੇਵਾ ਵਡਭਾਗੀ ਪਾਈਐ॥		Saadhh Saevaa Vaddabhaagee Paaeeai ||	Service to the Holy is obtained by great good fortune.	ਸੰਤ ਦੀ ਸੇਵਾ ਵੱਡੇ ਭਾਗਾਂ ਨਾਲ ਮਿਲਦੀ ਹੈ,
12836	283	ਸਾਧਸੰਗਿ ਹਰਿ ਕੀਰਤਨੁ ਗਾਈਐ॥		Saadhhasang Har Keerathan Gaaeeai ||	In the Saadh Sangat, the Company of the Holy, the Kirtan of the Lord's Praise is sung.	ਸੰਤ ਦੀ ਸੰਗਤਿ ਵਿਚ ਹੀ ਪ੍ਰਭੂ ਦੀ ਸਿਫ਼ਤ-ਸਾਲਾਹ ਕੀਤੀ ਜਾ ਸਕਦੀ ਹੈ।
12837	283	ਅਨਿਕ ਬਿਘਨ ਤੇ ਸਾਧੂ ਰਾਖੈ॥		Anik Bighan Thae Saadhhoo Raakhai ||	From all sorts of dangers, the Saint saves us.	ਸੰਤ ਅਨੇਕਾਂ ਔਕੜਾਂ ਤੋਂ (ਜੋ ਆਤਮਕ ਜੀਵਨ ਦੇ ਰਾਹ ਵਿਚ ਆਉਂਦੀਆਂ ਹਨ) ਬਚਾ ਲੈਂਦਾ ਹੈ,

12838	283	ਹਰਿ ਗੁਨ ਗਾਇ ਅੰਮ੍ਰਿਤ ਰਸੁ ਚਾਖੈ॥		Har Gun Gaae Anmrith Ras Chaakhai ||	Singing the Glorious Praises of the Lord, we taste the ambrosial essence.	ਸੰਤ ਪ੍ਰਭੂ ਦੇ ਗੁਣ ਗਾ ਕੇ ਨਾਮ-ਅੰਮ੍ਰਿਤ ਦਾ ਸੁਆਦ ਮਾਣਦਾ ਹੈ।
12839	283	ਓਟ ਗਹੀ ਸੰਤਹ ਦਰਿ ਆਇਆ॥		Outt Gehee Santheh Dhar Aaeiaa ||	Seeking the Protection of the Saints, we have come to their door.	(ਜਿਸ ਮਨੁੱਖ ਨੇ) ਸੰਤਾਂ ਦਾ ਆਸਰਾ ਫੜਿਆ ਹੈ ਜੋ ਸੰਤਾਂ ਦੇ ਦਰ ਤੇ ਆ ਡਿੱਗਾ ਹੈ,
12840	283	ਸਰਬ ਸੂਖ ਨਾਨਕ ਤਿਹ ਪਾਇਆ॥੬॥		Sarab Sookh Naanak Thih Paaeiaa ||6||	All comforts, O Nanak, are so obtained. ||6||	ਉਸ ਨੇ, ਹੇ ਨਾਨਕ! ਸਾਰੇ ਸੁਖ ਪਾ ਲਏ ਹਨ ॥੬॥
12841	283	ਮਿਰਤਕ ਕਉ ਜੀਵਾਲਨਹਾਰ॥		Mirathak Ko Jeevaalanehaar ||	He infuses life back into the dead.	(ਪ੍ਰਭੂ) ਮੋਏ ਹੋਏ ਬੰਦੇ ਨੂੰ ਜਿਵਾਲਣ ਜੋਗਾ ਹੈ,
12842	283	ਭੂਖੇ ਕਉ ਦੇਵਤ ਅਧਾਰ॥		Bhookhae Ko Dhaevath Adhhaar ||	He gives food to the hungry.	ਭੁੱਖੇ ਨੂੰ ਭੀ ਆਸਰਾ ਦੇਂਦਾ ਹੈ।
12843	283	ਸਰਬ ਨਿਧਾਨ ਜਾ ਕੀ ਦ੍ਰਿਸਟੀ ਮਾਹਿ॥		Sarab Nidhhaan Jaa Kee Dhrisattee Maahi ||	All treasures are within His Glance of Grace.	ਸਾਰੇ ਖ਼ਜ਼ਾਨੇ ਉਸ ਮਾਲਕ ਦੀ ਨਜ਼ਰ ਵਿਚ ਹਨ,
12844	283	ਪੁਰਬ ਲਿਖੇ ਕਾ ਲਹਣਾ ਪਾਹਿ॥	ਲਹ-ਣਾ	Purab Likhae Kaa Lehanaa Paahi ||	People obtain that which they are pre-ordained to receive.	(ਪਰ ਜੀਵ) ਆਪਣੇ ਪਿਛਲੇ ਕੀਤੇ ਕਰਮਾਂ ਦਾ ਫਲ ਭੋਗਦੇ ਹਨ।

12845	283	ਸਭੁ ਕਿਛੁ ਤਿਸ ਕਾ ਓਹੁ ਕਰਨੈ ਜੋਗੁ॥		Sabh Kishh This Kaa Ouhu Karanai Jog ||	All things are His; He is the Doer of all.	ਸਭ ਕੁਝ ਉਸ ਪ੍ਰਭੂ ਦਾ ਹੀ ਹੈ, ਤੇ ਉਹੀ ਸਭ ਕੁਝ ਕਰਨ ਦੇ ਸਮਰੱਥ ਹੈ;
12846	283	ਤਿਸੁ ਬਿਨੁ ਦੂਸਰ ਹੋਆ ਨ ਹੋਗੁ॥		This Bin Dhoosar Hoaa N Hog ||	Other than Him, there has never been any other, and there shall never be.	ਉਸ ਤੋਂ ਬਿਨਾ ਕੋਈ ਦੂਜਾ ਨਾਹ ਹੈ ਤੇ ਨਾਹ ਹੋਵੇਗਾ।
12847	283	ਜਪਿ ਜਨ ਸਦਾ ਸਦਾ ਦਿਨੁ ਰੈਣੀ॥		Jap Jan Sadhaa Sadhaa Dhin Rainee ||	Meditate on Him forever and ever, day and night.	ਹੇ ਜਨ! ਸਦਾ ਹੀ ਦਿਨ ਰਾਤ ਪ੍ਰਭੂ ਨੂੰ ਯਾਦ ਕਰ,
12848	283	ਸਭ ਤੇ ਊਚ ਨਿਰਮਲ ਇਹ ਕਰਣੀ॥		Sabh Thae Ooch Niramal Eih Karanee ||	This way of life is exalted and immaculate.	ਹੋਰ ਸਾਰੀਆਂ ਕਰਣੀਆਂ ਨਾਲੋਂ ਇਹੀ ਕਰਣੀ ਉੱਚੀ ਤੇ ਸੁੱਚੀ ਹੈ।
12849	283	ਕਰਿ ਕਿਰਪਾ ਜਿਸ ਕਉ ਨਾਮੁ ਦੀਆ॥		Kar Kirapaa Jis Ko Naam Dheeaa ||	One whom the Lord, in His Grace, blesses with His Name	ਮੇਹਰ ਕਰ ਕੇ ਜਿਸ ਮਨੁੱਖ ਨੂੰ ਨਾਮ ਬਖ਼ਸ਼ਦਾ ਹੈ,
12850	283	ਨਾਨਕ ਸੋ ਜਨੁ ਨਿਰਮਲੁ ਥੀਆ॥੭॥		Naanak So Jan Niramal Thheeaa ||7||	- O Nanak, that person becomes immaculate and pure. ||7||	ਹੇ ਨਾਨਕ! ਉਹ ਮਨੁੱਖ ਪਵਿਤ੍ਰ ਹੋ ਜਾਂਦਾ ਹੈ ॥੭॥
12851	283	ਜਾ ਕੈ ਮਨਿ ਗੁਰ ਕੀ ਪਰਤੀਤਿ॥		Jaa Kai Man Gur Kee Paratheeth ||	One who has faith in the Guru in his mind	ਜਿਸ ਮਨੁੱਖ ਦੇ ਮਨ ਵਿਚ ਸਤਿਗੁਰੂ ਦੀ ਸਰਧਾ ਬਣ ਗਈ ਹੈ,

12852	283	ਤਿਸੁ ਜਨ ਆਵੈ ਹਰਿ ਪ੍ਰਭੁ ਚੀਤਿ॥		This Jan Aavai Har Prabh Cheeth ||	Comes to dwell upon the Lord God.	ਉਸ ਦੇ ਚਿੱਤ ਵਿਚ ਪ੍ਰਭੂ ਟਿਕ ਜਾਂਦਾ ਹੈ।
12853	283	ਭਗਤੁ ਭਗਤੁ ਸੁਨੀਐ ਤਿਹੁ ਲੋਇ॥		Bhagath Bhagath Suneeai Thihu Loe ||	He is acclaimed as a devotee, a humble devotee throughout the three worlds.	ਉਹ ਮਨੁੱਖ ਸਾਰੇ ਜਗਤ ਵਿਚ ਭਗਤ ਭਗਤ ਸੁਣੀਦਾ ਹੈ,
12854	283	ਜਾ ਕੈ ਹਿਰਦੈ ਏਕੋ ਹੋਇ॥		Jaa Kai Hiradhai Eaeko Hoe ||	The One Lord is in his heart.	ਜਿਸ ਦੇ ਹਿਰਦੇ ਵਿਚ ਇਕ ਪ੍ਰਭੂ ਵੱਸਦਾ ਹੈ;
12855	283	ਸਚੁ ਕਰਣੀ ਸਚੁ ਤਾ ਕੀ ਰਹਤ॥	ਰਹ–ਤ	Sach Karanee Sach Thaa Kee Rehath ||	True are his actions; true are his ways.	ਉਸ ਦੀ ਅਮਲੀ ਜ਼ਿੰਦਗੀ ਤੇ ਜ਼ਿੰਦਗੀ ਦੇ ਅਸੂਲ ਇਕ-ਰਸ ਹਨ,
12856	283	ਸਚੁ ਹਿਰਦੈ ਸਤਿ ਮੁਖਿ ਕਹਤ॥		Sach Hiradhai Sath Mukh Kehath ||	True is his heart; Truth is what he speaks with his mouth.	ਸੱਚਾ ਪ੍ਰਭੂ ਉਸ ਦੇ ਹਿਰਦੇ ਵਿਚ ਹੈ, ਤੇ ਪ੍ਰਭੂ ਦਾ ਨਾਮ ਹੀ ਉਹ ਮੂੰਹੋਂ ਉੱਚਾਰਦਾ ਹੈ;
12857	283	ਸਾਚੀ ਦ੍ਰਿਸਟਿ ਸਾਚਾ ਆਕਾਰੁ॥		Saachee Dhrisatt Saachaa Aakaar ||	True is his vision; true is his form.	ਉਸ ਮਨੁੱਖ ਦੀ ਨਜ਼ਰ ਸੱਚੇ ਪ੍ਰਭੂ ਦੇ ਰੰਗ ਵਿਚ ਰੰਗੀ ਹੋਈ ਹੈ, (ਤਾਹੀਏਂ) ਸਾਰਾ ਦ੍ਰਿਸ਼ਟਮਾਨ ਜਗਤ (ਉਸ ਨੂੰ) ਪ੍ਰਭੂ ਦਾ ਰੂਪ ਦਿੱਸਦਾ ਹੈ,
12858	283	ਸਚੁ ਵਰਤੈ ਸਾਚਾ ਪਾਸਾਰੁ॥		Sach Varathai Saachaa Paasaar ||	He distributes Truth and he spreads Truth.	ਪ੍ਰਭੂ ਹੀ (ਸਭ ਥਾਈਂ) ਮੌਜੂਦ (ਦਿੱਸਦਾ ਹੈ, ਤੇ) ਪ੍ਰਭੂ ਦਾ ਹੀ (ਸਾਰਾ) ਖਿਲਾਰਾ ਦਿੱਸਦਾ ਹੈ।
12859	283	ਪਾਰਬ੍ਰਹਮੁ ਜਿਨਿ ਸਚੁ ਕਰਿ ਜਾਤਾ॥	ਜੱਾਤਾ	Paarabreham Jin Sach Kar Jaathaa ||	One who recognizes the Supreme Lord God as True	ਜਿਸ ਮਨੁੱਖ ਨੇ ਅਕਾਲ ਪੁਰਖ ਨੂੰ ਸਦਾ-ਥਿਰ ਰਹਿਣ ਵਾਲਾ ਸਮਝਿਆ ਹੈ,

12860	283	ਨਾਨਕ ਸੋ ਜਨੁ ਸਚਿ ਸਮਾਤਾ॥੮॥੧੫॥	ਜਾਤਾ ਸਮਾਤਾ	Naanak So Jan Sach Samaathaa ||8||15||	- O Nanak, that humble being is absorbed into the True One. ||8||15||	ਹੇ ਨਾਨਕ! ਉਹ ਮਨੁੱਖ ਸਦਾ ਉਸ ਥਿਰ ਰਹਿਣ ਵਾਲੇ ਵਿਚ ਲੀਨ ਹੋ ਜਾਂਦਾ ਹੈ ॥੮॥੧੫॥
12861	283	ਸਲੋਕੁ॥		Salok ||	Shalok:	
12862	283	ਰੂਪੁ ਨ ਰੇਖ ਨ ਰੰਗੁ ਕਿਛੁ ਤ੍ਰਿਹੁ ਗੁਣ ਤੇ ਪ੍ਰਭ ਭਿੰਨ॥		Roop N Raekh N Rang Kishh Thrihu Gun Thae Prabh Bhinn ||	He has no form, no shape, no color; God is beyond the three qualities.	ਪ੍ਰਭੂ ਦਾ ਨ ਕੋਈ ਰੂਪ ਹੈ, ਨ ਚਿਹਨ-ਚੱਕ੍ਰ ਅਤੇ ਨ ਕੋਈ ਰੰਗ। ਪ੍ਰਭੂ ਮਾਇਆ ਦੇ ਤਿੰਨ ਗੁਣਾਂ ਤੋਂ ਬੇ-ਦਾਗ਼ ਹੈ।
12863	283	ਤਿਸਹਿ ਬੁਝਾਏ ਨਾਨਕਾ ਜਿਸੁ ਹੋਵੈ ਸੁਪ੍ਰਸੰਨ॥੧॥	ਬੁੱਝਾਏ। ਸੁਪ੍ਰਸੰਨ	Thisehi Bujhaaeae Naanakaa Jis Hovai Suprasann ||1||	They alone understand Him, O Nanak, with whom He is pleased. ||1||	ਹੇ ਨਾਨਕ! ਪ੍ਰਭੂ ਆਪਣਾ ਆਪ ਉਸ ਮਨੁੱਖ ਨੂੰ ਸਮਝਾਉਂਦਾ ਹੈ ਜਿਸ ਉਤੇ ਆਪ ਤ੍ਰੁੱਠਦਾ ਹੈ ॥੧॥
12864	283	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	
12865	283	ਅਬਿਨਾਸੀ ਪ੍ਰਭੁ ਮਨ ਮਹਿ ਰਾਖੁ॥		Abinaasee Prabh Man Mehi Raakh ||	Keep the Immortal Lord God enshrined within your mind.	(ਹੇ ਭਾਈ!) ਆਪਣੇ ਮਨ ਵਿਚ ਅਕਾਲ ਪੁਰਖ ਨੂੰ ਪ੍ਰੋ ਰੱਖ,
12866	283	ਮਾਨੁਖ ਕੀ ਤੂ ਪ੍ਰੀਤਿ ਤਿਆਗੁ॥		Maanukh Kee Thoo Preeth Thiaag ||	Renounce your love and attachment to people.	ਅਤੇ ਮਨੁੱਖ ਦਾ ਪਿਆਰ (ਮੋਹ) ਛੱਡ ਦੇਹ।
12867	283	ਤਿਸ ਤੇ ਪਰੈ ਨਾਹੀ ਕਿਛੁ ਕੋਇ॥		This Thae Parai Naahee Kishh Koe ||	Beyond Him, there is nothing at all.	ਉਸ ਤੋਂ ਬਾਹਰਾ ਹੋਰ ਕੋਈ ਜੀਵ ਨਹੀਂ, ਕੋਈ ਚੀਜ਼ ਨਹੀਂ[

12868	283	ਸਰਬ ਨਿਰੰਤਰਿ ਏਕੋ ਸੋਇ॥		Sarab Niranthar Eaeko Soe ||	The One Lord is pervading among all.	ਸਭ ਜੀਵਾਂ ਦੇ ਅੰਦਰ ਇਕ ਅਕਾਲ ਪੁਰਖ ਹੀ ਵਿਆਪਕ ਹੈ।
12869	283	ਆਪੇ ਬੀਨਾ ਆਪੇ ਦਾਨਾ ॥		Aapae Beenaa Aapae Dhaanaa ||	He Himself is All-seeing; He Himself is All-knowing,	ਉਹੀ ਆਪ ਹੀ (ਜੀਵਾਂ ਦੇ ਦਿਲ ਦੀ) ਪਛਾਣਨ ਵਾਲਾ ਤੇ ਜਾਣਨ ਵਾਲਾ ਹੈ,
12870	283	ਗਹਿਰ ਗੰਭੀਰੁ ਗਹੀਰੁ ਸੁਜਾਨਾ॥		Gehir Ganbheer Geheer Sujaanaa ||	Unfathomable, Profound, Deep and All-knowing.	ਪ੍ਰਭੂ ਬੜਾ ਗੰਭੀਰ ਹੈ ਤੇ ਡੂੰਘਾ ਹੈ, ਸਿਆਣਾ ਹੈ,
12871	283	ਪਾਰਬ੍ਰਹਮ ਪਰਮੇਸੁਰ ਗੋਬਿੰਦ॥		Paarabreham Paramaesur Gobindh ||	He is the Supreme Lord God, the Transcendent Lord, the Lord of the Universe,	ਹੇ ਪਾਰਬ੍ਰਹਮ ਪ੍ਰਭੂ! ਸਭ ਦੇ ਵੱਡੇ ਮਾਲਕ! ਤੇ ਜੀਵਾਂ ਦੇ ਪਾਲਕ!
12872	283	ਕ੍ਰਿਪਾਨਿਧਾਨ ਦਇਆਲ ਬਖਸੰਦ॥		Kirapaa Nidhhaan Dhaeiaal Bakhasandh ||	The Treasure of mercy, compassion and forgiveness.	ਦਇਆ ਦੇ ਖ਼ਜ਼ਾਨੇ! ਦਇਆ ਦੇ ਘਰ! ਤੇ ਬਖ਼ਸ਼ਣਹਾਰ!
12873	283	ਸਾਧ ਤੇਰੇ ਕੀ ਚਰਨੀ ਪਾਉ॥		Saadhh Thaerae Kee Charanee Paao ||	To fall at the Feet of Your Holy Beings	ਮੈਂ ਤੇਰੇ ਸਾਧਾਂ ਦੀ ਚਰਨੀਂ ਪਵਾਂ,
12874	284	ਨਾਨਕ ਕੈ ਮਨਿ ਇਹੁ ਅਨਰਾਉ॥੧॥	(ਅਨ-ਰਾਉ) ਪ੍ਰੇਮ	Naanak Kai Man Eihu Anaraao ||1||	- this is the longing of Nanak's mind. ||1||	ਨਾਨਕ ਦੇ ਮਨ ਵਿਚ ਇਹ ਤਾਂਘ ਹੈ ॥੧॥

12875	284	ਮਨਸਾ ਪੂਰਨ ਸਰਨਾ ਜੋਗ॥		Manasaa Pooran Saranaa Jog ||	He is the Fulfiller of wishes, who can give us Sanctuary;	ਪ੍ਰਭੂ (ਜੀਵਾਂ ਦੇ) ਮਨ ਦੇ ਫੁਰਨੇ ਪੂਰੇ ਕਰਨ ਤੇ ਸਰਨ ਆਇਆਂ ਦੀ ਸਹਾਇਤਾ ਕਰਨ ਦੇ ਸਮਰੱਥ ਹੈ।
12876	284	ਜੋ ਕਰਿ ਪਾਇਆ ਸੋਈ ਹੋਗੁ॥		Jo Kar Paaeiaa Soee Hog ||	That which He has written, comes to pass.	ਜੋ ਉਸ ਨੇ (ਜੀਵਾਂ ਦੇ) ਹੱਥ ਉਤੇ ਲਿਖ ਦਿੱਤਾ ਹੈ, ਉਹੀ ਹੁੰਦਾ ਹੈ।
12877	284	ਹਰਨ ਭਰਨ ਜਾ ਕਾ ਨੇਤ੍ਰ ਫੋਰੁ॥		Haran Bharan Jaa Kaa Naethr For ||	He destroys and creates in the twinkling of an eye.	ਜਿਸ ਪ੍ਰਭੂ ਦਾ ਅੱਖ ਫਰਕਣ ਦਾ ਸਮਾ (ਜਗਤ ਦੇ) ਪਾਲਣ ਤੇ ਨਾਸ ਲਈ (ਕਾਫ਼ੀ) ਹੈ,
12878	284	ਤਿਸ ਕਾ ਮੰਤ੍ਰੁ ਨ ਜਾਨੈ ਹੋਰੁ॥		This Kaa Manthra N Jaanai Hor ||	No one else knows the mystery of His ways.	ਉਸ ਦਾ ਗੁੱਝਾ ਭੇਤ ਕੋਈ ਹੋਰ ਜੀਵ ਨਹੀਂ ਜਾਣਦਾ।
12879	284	ਅਨਦ ਰੂਪ ਮੰਗਲ ਸਦ ਜਾ ਕੈ॥		Anadh Roop Mangal Sadh Jaa Kai ||	He is the embodiment of ecstasy and everlasting joy.	ਜਿਸ ਪ੍ਰਭੂ ਦੇ ਘਰ ਵਿਚ ਸਦਾ ਆਨੰਦ ਤੇ ਖ਼ੁਸ਼ੀਆਂ ਹਨ,
12880	284	ਸਰਬ ਥੋਕ ਸੁਨੀਅਹਿ ਘਰਿ ਤਾ ਕੈ॥	ਸੁਨੀ-ਅਹਿ	Sarab Thhok Suneeahi Ghar Thaa Kai ||	I have heard that all things are in His home.	(ਜਗਤ ਦੇ) ਸਾਰੇ ਪਦਾਰਥ ਉਸ ਦੇ ਘਰ ਵਿਚ (ਮੌਜੂਦ) ਸੁਣੀਦੇ ਹਨ।
12881	284	ਰਾਜ ਮਹਿ ਰਾਜੁ ਜੋਗ ਮਹਿ ਜੋਗੀ॥		Raaj Mehi Raaj Jog Mehi Jogee ||	Among kings, He is the King; among yogis, He is the Yogi.	ਰਾਜਿਆਂ ਵਿਚ ਪ੍ਰਭੂ ਆਪ ਹੀ ਰਾਜਾ ਹੈ, ਜੋਗੀਆਂ ਵਿਚ ਜੋਗੀ ਹੈ,
12882	284	ਤਪ ਮਹਿ ਤਪੀਸਰੁ ਗ੍ਰਿਹਸਤ ਮਹਿ ਭੋਗੀ॥	ਗ੍ਰਿਹਸਤ	Thap Mehi Thapeesar Grihasath Mehi Bhogee ||	Among ascetics, He is the Ascetic; among householders, He is the Enjoyer.	ਤਪੀਆਂ ਵਿਚ ਆਪ ਹੀ ਵੱਡਾ ਤਪੀ ਹੈ ਤੇ ਗ੍ਰਿਹਸਤੀਆਂ ਵਿਚ ਭੀ ਆਪ ਹੀ ਗ੍ਰਿਹਸਤੀ ਹੈ।

12883	284	ਧਿਆਇ ਧਿਆਇ ਭਗਤਹ ਸੁਖੁ ਪਾਇਆ॥		Dhhiaae Dhhiaae Bhagatheh Sukh Paaeiaa ||	By constant meditation, His devotee finds peace.	ਭਗਤ ਜਨਾਂ ਨੇ (ਉਸ ਪ੍ਰਭੂ ਨੂੰ) ਸਿਮਰ ਸਿਮਰ ਕੇ ਸੁਖ ਪਾ ਲਿਆ ਹੈ।
12884	284	ਨਾਨਕ ਤਿਸੁ ਪੁਰਖ ਕਾ ਕਿਨੈ ਅੰਤੁ ਨ ਪਾਇਆ॥੨॥		Naanak This Purakh Kaa Kinai Anth N Paaeiaa ||2||	O Nanak, no one has found the limits of that Supreme Being. ||2||	ਹੇ ਨਾਨਕ! ਕਿਸੇ ਜੀਵ ਨੇ ਉਸ ਅਕਾਲ ਪੁਰਖ ਦਾ ਅੰਤ ਨਹੀਂ ਪਾਇਆ ॥੨॥
12885	284	ਜਾ ਕੀ ਲੀਲਾ ਕੀ ਮਿਤਿ ਨਾਹਿ॥	ਲੀਲਾ, ਮਿਤਿ:ਪੋਲਾ ਬੋਲੋ	Jaa Kee Leelaa Kee Mith Naahi ||	There is no limit to His play.	ਜਿਸ ਪ੍ਰਭੂ ਦੀ (ਜਗਤ ਰੂਪ) ਖੇਡ ਦਾ ਲੇਖਾ ਕੋਈ ਨਹੀਂ ਲਾ ਸਕਦਾ,
12886	284	ਸਗਲ ਦੇਵ ਹਾਰੇ ਅਵਗਾਹਿ॥		Sagal Dhaev Haarae Avagaahi ||	All the demigods have grown weary of searching for it.	ਉਸ ਨੂੰ ਖੋਜ ਖੋਜ ਕੇ ਸਾਰੇ ਦੇਵਤੇ (ਭੀ) ਥੱਕ ਗਏ ਹਨ;
12887	284	ਪਿਤਾ ਕਾ ਜਨਮੁ ਕਿ ਜਾਨੈ ਪੂਤੁ॥		Pithaa Kaa Janam K Jaanai Pooth ||	What does the son know of his father's birth?	(ਕਿਉਂਕਿ) ਪਿਉ ਦਾ ਜਨਮ ਪੁੱਤ੍ਰ ਕੀਹ ਜਾਣਦਾ ਹੈ?
12888	284	ਸਗਲ ਪਰੋਈ ਅਪੁਨੈ ਸੂਤਿ॥		Sagal Paroee Apunai Sooth ||	All are strung upon His string.	(ਜਿਵੇਂ ਮਾਲਾ ਦੇ ਮਣਕੇ) ਧਾਗੇ ਵਿਚ ਪਰੋਏ ਹੁੰਦੇ ਹਨ, (ਤਿਵੇਂ) ਸਾਰੀ ਰਚਨਾ ਪ੍ਰਭੂ ਨੇ ਆਪਣੇ (ਹੁਕਮ ਰੂਪ) ਧਾਗੇ ਵਿਚ ਪ੍ਰੋ ਰੱਖੀ ਹੈ।
12889	284	ਸੁਮਤਿ ਗਿਆਨੁ ਧਿਆਨੁ ਜਿਨ ਦੇਇ॥	ਸੁ-ਮੱਤਿ। ਦੇ-ਇ	Sumath Giaan Dhhiaan Jin Dhaee ||	He bestows good sense, spiritual wisdom and meditation	ਜਿਨ੍ਹਾਂ ਬੰਦਿਆਂ ਨੂੰ ਪ੍ਰਭੂ ਸੋਹਣੀ ਮਤਿ ਉੱਚੀ ਸਮਝ ਤੇ ਸੁਰਤ ਜੋੜਨ ਦੀ ਦਾਤ ਦੇਂਦਾ ਹੈ,

12890	284	ਜਨ ਦਾਸ ਨਾਮੁ ਧਿਆਵਹਿ ਸੇਇ॥	ਧਿਆਵ-ਹਿ। ਸੇ-ਇ।	Jan Dhaas Naam Dhhiaavehi Saee ||	On His humble servants and slaves who meditate on the Naam.	ਉਹੀ ਸੇਵਕ ਤੇ ਦਾਸ ਉਸ ਦਾ ਨਾਮ ਸਿਮਰਦੇ ਹਨ।
12891	284	ਤਿਹੁ ਗੁਣ ਮਹਿ ਜਾ ਕਉ ਭਰਮਾਏ॥		Thihu Gun Mehi Jaa Ko Bharamaaeae ||	He leads some astray in the three qualities;	(ਪਰ) ਜਿਨ੍ਹਾਂ ਨੂੰ (ਮਾਇਆ ਦੇ) ਤਿੰਨ ਗੁਣਾਂ ਵਿਚ ਭਵਾਉਂਦਾ ਹੈ,
12892	284	ਜਨਮਿ ਮਰੈ ਫਿਰਿ ਆਵੈ ਜਾਏ॥		Janam Marai Fir Aavai Jaaeae ||	They are born and die, coming and going over and over again.	ਉਹ ਜੰਮਦੇ ਮਰਦੇ ਰਹਿੰਦੇ ਹਨ ਤੇ ਮੁੜ ਮੁੜ (ਜਗਤ ਵਿਚ) ਆਉਂਦੇ ਤੇ ਜਾਂਦੇ ਰਹਿੰਦੇ ਹਨ।
12893	284	ਊਚ ਨੀਚ ਤਿਸ ਕੇ ਅਸਥਾਨ॥		Ooch Neech This Kae Asathhaan ||	The high and the low are His places.	ਸੋਹਣੀ ਮੱਤ ਵਾਲੇ ਉਚੇ ਬੰਦਿਆਂ ਦੇ ਹਿਰਦੇ ਤ੍ਰਿਗੁਣੀ ਨੀਚ ਬੰਦਿਆਂ ਦੇ ਮਨ-ਇਹ ਸਾਰੇ ਉਸ ਪ੍ਰਭੂ ਦੇ ਆਪਣੇ ਹੀ ਟਿਕਾਣੇ ਹਨ (ਭਾਵ, ਸਭ ਵਿਚ ਵੱਸਦਾ ਹੈ)।
12894	284	ਜੈਸਾ ਜਨਾਵੈ ਤੈਸਾ ਨਾਨਕ ਜਾਨ॥੩॥		Jaisaa Janaavai Thaisaa Naanak Jaan ||3||	As He inspires us to know Him, O Nanak, so is He known. ||3||	ਹੇ ਨਾਨਕ! ਜਿਹੋ ਜਿਹੀ ਬੁੱਧ-ਮੱਤ ਦੇਂਦਾ ਹੈ, ਤਿਹੋ ਜਿਹੀ ਸਮਝ ਵਾਲਾ ਜੀਵ ਬਣ ਜਾਂਦਾ ਹੈ ॥੩॥
12895	284	ਨਾਨਾ ਰੂਪ ਨਾਨਾ ਜਾ ਕੇ ਰੰਗ॥	ਨ੍ਹਾਨ੍ਹਾ	Naanaa Roop Naanaa Jaa Kae Rang ||	Many are His forms; many are His colors.	ਹੇ ਪ੍ਰਭੂ! ਤੂੰ, ਜਿਸ ਦੇ ਕਈ ਰੂਪ ਤੇ ਰੰਗ ਹਨ,
12896	284	ਨਾਨਾ ਭੇਖ ਕਰਹਿ ਇਕ ਰੰਗ॥		Naanaa Bhaekh Karehi Eik Rang ||	Many are the appearances which He assumes, and yet He is still the One.	ਕਈ ਭੇਖ ਧਾਰਦਾ ਹੈਂ (ਤੇ ਫਿਰ ਭੀ) ਇਕੋ ਤਰ੍ਹਾਂ ਦਾ ਹੈਂ।

12897	284	ਨਾਨਾ ਬਿਧਿ ਕੀਨੋ ਬਿਸਥਾਰੁ॥	ਬਿਧਿ: ਪੋਲਾ ਬੋਲੋ	Naanaa Bidhh Keeno Bisathhaar ||	In so many ways, He has extended Himself.	ਉਸ ਨੇ ਜਗਤ ਦਾ ਪਸਾਰਾ ਕਈ ਤਰੀਕਿਆਂ ਨਾਲ ਕੀਤਾ ਹੈ,
12898	284	ਪ੍ਰਭੁ ਅਬਿਨਾਸੀ ਏਕੰਕਾਰੁ॥		Prabh Abinaasee Eaekankaar ||	The Eternal Lord God is the One, the Creator.	ਪ੍ਰਭੂ ਨਾਸ-ਰਹਿਤ ਹੈ, ਤੇ ਸਭ ਥਾਈਂ ਇਕ ਆਪ ਹੀ ਆਪ ਹੈ।
12899	284	ਨਾਨਾ ਚਲਿਤ ਕਰੇ ਖਿਨ ਮਾਹਿ॥	ਨ੍ਹਾਨ੍ਹਾ।ਚਲਿ-ਤ: ਪੋਲਾ ਬੋਲੋ ਮਿਲਵਾਂ, ਲੱਲੇ ਸਿਹਾਰੀ ਲਾਉ	Naanaa Chalith Karae Khin Maahi ||	He performs His many plays in an instant.	ਕਈ ਤਮਾਸ਼ੇ ਪ੍ਰਭੂ ਪਲਕ ਵਿਚ ਕਰ ਦੇਂਦਾ ਹੈ,
12900	284	ਪੂਰਿ ਰਹਿਓ ਪੂਰਨੁ ਸਭ ਠਾਇ॥		Poor Rehiou Pooran Sabh Thaae ||	The Perfect Lord is pervading all places.	ਉਹ ਪੂਰਨ ਪੁਰਖ ਸਭ ਥਾਈਂ ਵਿਆਪਕ ਹੈ।
12901	284	ਨਾਨਾ ਬਿਧਿ ਕਰਿ ਬਨਤ ਬਨਾਈ॥	ਨ੍ਹਾਨ੍ਹਾ	Naanaa Bidhh Kar Banath Banaaee ||	In so many ways, He created the creation.	ਜਗਤ ਦੀ ਰਚਨਾ ਪ੍ਰਭੂ ਨੇ ਕਈ ਤਰੀਕਿਆਂ ਨਾਲ ਰਚੀ ਹੈ,
12902	284	ਅਪਨੀ ਕੀਮਤਿ ਆਪੇ ਪਾਈ॥		Apanee Keemath Aapae Paaee ||	He alone can estimate His worth.	ਆਪਣੀ (ਵਡਿਆਈ ਦਾ) ਮੁੱਲ ਉਹ ਆਪ ਹੀ ਜਾਣਦਾ ਹੈ।
12903	284	ਸਭ ਘਟ ਤਿਸ ਕੇ ਸਭ ਤਿਸ ਕੇ ਠਾਉ॥		Sabh Ghatt This Kae Sabh This Kae Thaao ||	All hearts are His, and all places are His.	ਸਾਰੇ ਸਰੀਰ ਉਸ ਪ੍ਰਭੂ ਦੇ ਹੀ ਹਨ, ਸਾਰੇ ਥਾਂ ਉਸੇ ਦੇ ਹਨ।
12904	284	ਜਪਿ ਜਪਿ ਜੀਵੈ ਨਾਨਕ ਹਰਿ ਨਾਉ॥੪॥		Jap Jap Jeevai Naanak Har Naao ||4||	Nanak lives by chanting, chanting the Name of the Lord. ||4||	ਹੇ ਨਾਨਕ! (ਉਸ ਦਾ ਦਾਸ) ਉਸ ਦਾ ਨਾਮ ਜਪ ਜਪ ਕੇ ਜੀਊਂਦਾ ਹੈ ॥੪॥

12905	284	ਨਾਮ ਕੇ ਧਾਰੇ ਸਗਲੇ ਜੰਤ॥		Naam Kae Dhhaarae Sagalae Janth ||	The Naam is the Support of all creatures.	ਸਾਰੇ ਜੀਆ ਜੰਤ ਅਕਾਲ ਪੁਰਖ ਦੇ ਆਸਰੇ ਹਨ,
12906	284	ਨਾਮ ਕੇ ਧਾਰੇ ਖੰਡ ਬ੍ਰਹਮੰਡ॥		Naam Kae Dhhaarae Khandd Brehamandd ||	The Naam is the Support of the earth and solar systems.	ਜਗਤ ਦੇ ਸਾਰੇ ਭਾਗ (ਹਿੱਸੇ) ਭੀ ਪ੍ਰਭੂ ਦੇ ਟਿਕਾਏ ਹੋਏ ਹਨ।
12907	284	ਨਾਮ ਕੇ ਧਾਰੇ ਸਿਮ੍ਰਿਤਿ ਬੇਦ ਪੁਰਾਨ॥	ਸਿਮ-ਰ੍ਿਤਿ	Naam Kae Dhhaarae Simrith Baedh Puraan ||	The Naam is the Support of the Simritees, the Vedas and the Puraanas.	ਵੇਦ, ਪੁਰਾਣ ਸਿਮ੍ਰਿਤੀਆਂ ਪ੍ਰਭੂ ਦੇ ਅਧਾਰ ਤੇ ਹਨ,
12908	284	ਨਾਮ ਕੇ ਧਾਰੇ ਸੁਨਨ ਗਿਆਨ ਧਿਆਨ॥		Naam Kae Dhhaarae Sunan Giaan Dhhiaan ||	The Naam is the Support by which we hear of spiritual wisdom and meditation.	ਗਿਆਨ ਦੀਆਂ ਗੱਲਾਂ ਸੁਣਨਾ ਤੇ ਸੁਰਤ ਜੋੜਨੀ ਭੀ ਅਕਾਲ ਪੁਰਖ ਦੇ ਆਸਰੇ ਹੀ ਹੈ।
12909	284	ਨਾਮ ਕੇ ਧਾਰੇ ਆਗਾਸ ਪਾਤਾਲ॥	ਆ-ਗਾਸ। ਪਾ-ਤਾਲ	Naam Kae Dhhaarae Aagaas Paathaal ||	The Naam is the Support of the Akaashic ethers and the nether regions.	ਸਾਰੇ ਅਕਾਸ਼ ਪਤਾਲ ਪ੍ਰਭੂ-ਆਸਰੇ ਹਨ,
12910	284	ਨਾਮ ਕੇ ਧਾਰੇ ਸਗਲ ਆਕਾਰ॥		Naam Kae Dhhaarae Sagal Aakaar ||	The Naam is the Support of all bodies.	ਸਾਰੇ ਸਰੀਰ ਹੀ ਪ੍ਰਭੂ ਦੇ ਆਧਾਰ ਤੇ ਹਨ।
12911	284	ਨਾਮ ਕੇ ਧਾਰੇ ਪੁਰੀਆ ਸਭ ਭਵਨ॥		Naam Kae Dhhaarae Pureeaa Sabh Bhavan ||	The Naam is the Support of all worlds and realms.	ਤਿੰਨੇ ਭਵਨ ਤੇ ਚੌਦਹ ਲੋਕ ਅਕਾਲ ਪੁਰਖ ਦੇ ਟਿਕਾਏ ਹੋਏ ਹਨ,

12912	284	ਨਾਮ ਕੈ ਸੰਗਿ ਉਧਰੇ ਸੁਨਿ ਸ੍ਰਵਨ॥		Naam Kai Sang Oudhharae Sun Sravan ||	Associating with the Naam, listening to it with the ears, one is saved.	ਜੀਵ ਪ੍ਰਭੂ ਵਿਚ ਜੁੜ ਕੇ ਤੇ ਉਸ ਦਾ ਨਾਮ ਕੰਨੀਂ ਸੁਣ ਕੇ ਵਿਕਾਰਾਂ ਤੋਂ ਬਚਦੇ ਹਨ।
12913	284	ਕਰਿ ਕਿਰਪਾ ਜਿਸੁ ਆਪਨੈ ਨਾਮਿ ਲਾਏ॥		Kar Kirapaa Jis Aapanai Naam Laaeae ||	Those whom the Lord mercifully attaches to His Naam	ਜਿਸ ਨੂੰ ਮੇਹਰ ਕਰ ਕੇ ਆਪਣੇ ਨਾਮ ਵਿਚ ਜੋੜਦਾ ਹੈ,
12914	284	ਨਾਨਕ ਚਉਥੇ ਪਦ ਮਹਿ ਸੋ ਜਨੁ ਗਤਿ ਪਾਏ॥੫॥		Naanak Chouthhae Padh Mehi So Jan Gath Paaeae ||5||	- O Nanak, in the fourth state, those humble servants attain salvation. ||5||	ਹੇ ਨਾਨਕ! ਉਹ ਮਨੁੱਖ (ਮਾਇਆ ਦੇ ਅਸਰ ਤੋਂ ਪਰਲੇ) ਚਉਥੇ ਦਰਜੇ ਵਿਚ ਅੱਪੜ ਕੇ ਉੱਚੀ ਅਵਸਥਾ ਪ੍ਰਾਪਤ ਕਰਦਾ ਹੈ ॥੫॥
12915	284	ਰੂਪੁ ਸਤਿ ਜਾ ਕਾ ਸਤਿ ਅਸਥਾਨੁ॥		Roop Sath Jaa Kaa Sath Asathhaan ||	His form is true, and true is His place.	ਜਿਸ ਪ੍ਰਭੂ ਦਾ ਰੂਪ ਤੇ ਟਿਕਾਣਾ ਸਦਾ-ਥਿਰ ਰਹਿਣ ਵਾਲੇ ਹਨ,
12916	284	ਪੁਰਖੁ ਸਤਿ ਕੇਵਲ ਪਰਧਾਨੁ॥		Purakh Sath Kaeval Paradhhaan ||	His personality is true - He alone is supreme.	ਕੇਵਲ ਉਹੀ ਸਰਬ-ਵਿਆਪਕ ਪ੍ਰਭੂ ਸਭ ਦੇ ਸਿਰ ਤੇ ਹੈ।
12917	284	ਕਰਤੂਤਿ ਸਤਿ ਸਤਿ ਜਾ ਕੀ ਬਾਣੀ॥		Karathooth Sath Sath Jaa Kee Baanee ||	His acts are true, and true is His Word.	ਜਿਸ ਸਦਾ-ਅਟੱਲ ਅਕਾਲ ਪੁਰਖ ਦੀ ਬਾਣੀ ਸਭ ਜੀਵਾਂ ਵਿਚ ਰਮੀ ਹੋਈ ਹੈ,
12918	284	ਸਤਿ ਪੁਰਖ ਸਭ ਮਾਹਿ ਸਮਾਣੀ॥		Sath Purakh Sabh Maahi Samaanee ||	The True Lord is permeating all.	(ਭਾਵ, ਜੋ ਪ੍ਰਭੂ ਸਭ ਜੀਵਾਂ ਵਿਚ ਬੋਲ ਰਿਹਾ ਹੈ) ਉਸ ਦੇ ਕੰਮ ਵੀ ਅਟੱਲ ਹਨ।

12919	284	ਸਤਿ ਕਰਮੁ ਜਾ ਕੀ ਰਚਨਾ ਸਤਿ॥		Sath Karam Jaa Kee Rachanaa Sath ||	True are His actions; His creation is true.	ਜਿਸ ਪ੍ਰਭੂ ਦੀ ਰਚਨਾ ਮੁਕੰਮਲ ਹੈ (ਭਾਵ, ਅਧੂਰੀ ਨਹੀਂ),
12920	284	ਮੂਲੁ ਸਤਿ ਸਤਿ ਉਤਪਤਿ॥		Mool Sath Sath Outhapath ||	His root is true, and true is what originates from it.	ਜੋ (ਸਭ ਦਾ) ਮੂਲ-(ਰੂਪ) ਸਦਾ ਅਸਥਿਰ ਹੈ, ਜਿਸ ਦੀ ਪੈਦਾਇਸ਼ ਭੀ ਮੁਕੰਮਲ ਹੈ, ਉਸ ਦੀ ਬਖ਼ਸ਼ਸ਼ ਸਦਾ ਕਾਇਮ ਹੈ।
12921	284	ਸਤਿ ਕਰਣੀ ਨਿਰਮਲ ਨਿਰਮਲੀ॥		Sath Karanee Niramal Niramalee ||	True is His lifestyle, the purest of the pure.	ਪ੍ਰਭੂ ਦੀ ਮਹਾ ਪਵਿ੍ਤ ਰਜ਼ਾ ਹੈ,
12922	284	ਜਿਸਹਿ ਬੁਝਾਏ ਤਿਸਹਿ ਸਭ ਭਲੀ॥	ਬੁੱਝਾਏ	Jisehi Bujhaaeae Thisehi Sabh Bhalee ||	All goes well for those who know Him.	ਜਿਸ ਜੀਵ ਨੂੰ (ਰਜ਼ਾ ਦੀ) ਸਮਝ ਦੇਂਦਾ ਹੈ, ਉਸ ਨੂੰ (ਉਹ ਰਜ਼ਾ) ਪੂਰਨ ਤੌਰ ਤੇ ਸੁਖਦਾਈ (ਲੱਗਦੀ ਹੈ)।
12923	284	ਸਤਿਨਾਮੁ ਪ੍ਰਭ ਕਾ ਸੁਖਦਾਈ॥		Sath Naam Prabh Kaa Sukhadhaaee ||	The True Name of God is the Giver of peace.	ਪ੍ਰਭੂ ਦਾ ਸਦਾ-ਥਿਰ ਰਹਿਣ ਵਾਲਾ ਨਾਮ ਸੁਖ-ਦਾਤਾ ਹੈ।
12924	284	ਬਿਸ੍ਵਾਸੁ ਸਤਿ ਨਾਨਕ ਗੁਰ ਤੇ ਪਾਈ॥੬॥	ਬਿਸ੍ਵਾਸੁ: ਅੱਧਾ ਵਾਵਾ ਪੋਲਾ ਬੋਲੋ , ਪੂਰਾ ਵਾਵਾ ਭਰਵਾਂ ਬੋਲੀਦਾ ਹੈ	Bisvaas Sath Naanak Gur Thae Paaee ||6||	Nanak has obtained true faith from the Guru. ||6||	ਹੇ ਨਾਨਕ! (ਜੀਵ ਨੂੰ) ਇਹ ਅਟੱਲ ਸਿਦਕ ਸਤਿਗੁਰੂ ਤੋਂ ਮਿਲਦਾ ਹੈ ॥੬॥
12925	284	ਸਤਿ ਬਚਨ ਸਾਧੂ ਉਪਦੇਸ॥		Sath Bachan Saadhhoo Oupadhaes ||	True are the Teachings, and the Instructions of the Holy.	ਗੁਰੂ ਦਾ ਉਪਦੇਸ਼ ਅਟੱਲ ਬਚਨ ਹਨ,

12926	284	ਸਤਿ ਤੇ ਜਨ ਜਾ ਕੈ ਰਿਦੈ ਪ੍ਰਵੇਸ॥		Sath Thae Jan Jaa Kai Ridhai Pravaes ||	True are those into whose hearts He enters.	ਜਿਨ੍ਹਾਂ ਦੇ ਹਿਰਦੇ ਵਿਚ (ਇਸ ਉਪਦੇਸ਼ ਦਾ) ਪ੍ਰਵੇਸ਼ ਹੁੰਦਾ ਹੈ, ਉਹ ਭੀ ਅਟੱਲ (ਭਾਵ, ਜਨਮ ਮਰਨ ਤੋਂ ਰਹਿਤ) ਹੋ ਜਾਂਦੇ ਹਨ।
12927	284	ਸਤਿ ਨਿਰਤਿ ਬੂਝੈ ਜੇ ਕੋਇ॥	ਬੂੱਝੈ	Sath Nirath Boojhai Jae Koe ||	One who knows and loves the Truth	ਜੇ ਕਿਸੇ ਮਨੁੱਖ ਨੂੰ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਪਿਆਰ ਦੀ ਸੂਝ ਆ ਜਾਏ,
12928	284	ਨਾਮੁ ਜਪਤ ਤਾ ਕੀ ਗਤਿ ਹੋਇ॥	ਗਤਿ: ਪੋਲਾ ਬੋਲੋ	Naam Japath Thaa Kee Gath Hoe ||	Chanting the Naam, he obtains salvation.	ਤਾਂ ਨਾਮ ਜਪ ਕੇ ਉਹ ਉੱਚੀ ਅਵਸਥਾ ਹਾਸਲ ਕਰ ਲੈਂਦਾ ਹੈ।
12929	284	ਆਪਿ ਸਤਿ ਕੀਆ ਸਭੁ ਸਤਿ॥	ਸੱਤਿ	Aap Sath Keeaa Sabh Sath ||	He Himself is True, and all that He has made is true.	ਪ੍ਰਭੂ ਆਪ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦਾ ਪੈਦਾ ਕੀਤਾ ਹੋਇਆ ਜਗਤ ਭੀ ਸੱਚ ਮੁੱਚ ਹੋਂਦ ਵਾਲਾ ਹੈ, (ਭਾਵ, ਮਿਥਿਆ ਨਹੀਂ)
12930	284	ਆਪੇ ਜਾਨੈ ਅਪਨੀ ਮਿਤਿ ਗਤਿ॥		Aapae Jaanai Apanee Mith Gath ||	He Himself knows His own state and condition.	ਪ੍ਰਭੂ ਆਪਣੀ ਅਵਸਥਾ ਤੇ ਮਰਯਾਦਾ ਆਪ ਜਾਣਦਾ ਹੈ।
12931	285	ਜਿਸ ਕੀ ਸ੍ਰਿਸਟਿ ਸੁ ਕਰਣੈਹਾਰੁ॥	ਸ੍ਰਿਸਟਿ	Jis Kee Srisatt S Karanaihaar ||	He is the Creator Lord of His world.	ਜਿਸ ਪ੍ਰਭੂ ਦਾ ਇਹ ਜਗਤ ਹੈ ਉਹ ਆਪ ਇਸ ਨੂੰ ਬਨਾਉਣ ਵਾਲਾ ਹੈ,
12932	285	ਅਵਰ ਨ ਬੂਝਿ ਕਰਤ ਬੀਚਾਰੁ॥		Avar N Boojh Karath Beechaar ||	No one else understands Him, although they may try.	ਕਿਸੇ ਹੋਰ ਨੂੰ ਇਸ ਜਗਤ ਦਾ ਖ਼ਿਆਲ ਰੱਖਣ ਵਾਲਾ (ਭੀ) ਨਾਹ ਸਮਝੋ।

12933	285	ਕਰਤੇ ਕੀ ਮਿਤਿ ਨ ਜਾਨੈ ਕੀਆ ॥		Karathae Kee Mith N Jaanai Keeaa ||	The created cannot know the extent of the Creator.	ਕਰਤਾਰ (ਦੀ ਬਜ਼ੁਰਗੀ) ਦਾ ਅੰਦਾਜ਼ਾ ਉਸ ਦਾ ਪੈਦਾ ਕੀਤਾ ਬੰਦਾ ਨਹੀਂ ਲਾ ਸਕਦਾ।
12934	285	ਨਾਨਕ ਜੋ ਤਿਸੁ ਭਾਵੈ ਸੋ ਵਰਤੀਆ॥੭॥	ਵਰਤੀ-ਆ	Naanak Jo This Bhaavai So Varatheeaa ||7||	O Nanak, whatever pleases Him comes to pass. ||7||	ਹੇ ਨਾਨਕ! ਉਹੀ ਕੁਝ ਵਰਤਦਾ ਹੈ ਜੋ ਉਸ ਪ੍ਰਭੂ ਨੂੰ ਭਾਉਂਦਾ ਹੈ ॥੭॥
12935	285	ਬਿਸਮਨ ਬਿਸਮ ਭਏ ਬਿਸਮਾਦ॥		Bisaman Bisam Bheae Bisamaadh ||	Gazing upon His wondrous wonder, I am wonder-struck and amazed!	ਜਿਸ ਜਿਸ ਮਨੁੱਖ ਨੇ (ਪ੍ਰਭੂ ਦੀ ਬਜ਼ੁਰਗੀ ਨੂੰ) ਸਮਝਿਆ ਹੈ, ਉਸ ਉਸ ਨੂੰ ਆਨੰਦ ਆਇਆ ਹੈ,
12936	285	ਜਿਨਿ ਬੂਝਿਆ ਤਿਸੁ ਆਇਆ ਸ੍ਵਾਦ॥	ਬੂੱਝਿਆ। ਸੁ-ਆਦ	Jin Boojhiaa This Aaeiaa Svaadh ||	One who realizes this, comes to taste this state of joy.	(ਵਡਿਆਈ ਤੱਕ ਕੇ) ਉਹ ਬੜੇ ਹੈਰਾਨ ਤੇ ਅਸਚਰਜ ਹੁੰਦੇ ਹਨ।
12937	285	ਪ੍ਰਭ ਕੈ ਰੰਗਿ ਰਾਚਿ ਜਨ ਰਹੇ॥		Prabh Kai Rang Raach Jan Rehae ||	God's humble servants remain absorbed in His Love.	ਪ੍ਰਭੂ ਦੇ ਦਾਸ ਪ੍ਰਭੂ ਦੇ ਪਿਆਰ ਵਿਚ ਮਸਤ ਰਹਿੰਦੇ ਹਨ,
12938	285	ਗੁਰ ਕੈ ਬਚਨਿ ਪਦਾਰਥ ਲਹੇ॥		Gur Kai Bachan Padhaarathh Lehae ||	Following the Guru's Teachings, they receive the four cardinal blessings.	ਤੇ ਸਤਿਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ (ਨਾਮ-) ਪਦਾਰਥ ਹਾਸਲ ਕਰ ਲੈਂਦੇ ਹਨ।
12939	285	ਓਇ ਦਾਤੇ ਦੁਖ ਕਾਟਨਹਾਰ॥		Oue Dhaathae Dhukh Kaattanehaar ||	They are the givers, the dispellers of pain.	ਉਹ (ਸੇਵਕ ਖ਼ੁਦ) ਨਾਮ ਦੀ ਦਾਤ ਵੰਡਦੇ ਹਨ, ਤੇ (ਜੀਵਾਂ ਦੇ) ਦੁੱਖ ਕੱਟਦੇ ਹਨ,
12940	285	ਜਾ ਕੈ ਸੰਗਿ ਤਰੈ ਸੰਸਾਰ॥		Jaa Kai Sang Tharai Sansaar ||	In their company, the world is saved.	ਉਹਨਾਂ ਦੀ ਸੰਗਤਿ ਨਾਲ ਜਗਤ ਦੇ ਜੀਵ (ਸੰਸਾਰ-ਸਮੁੰਦਰ ਤੋਂ) ਤਰ ਜਾਂਦੇ ਹਨ।

12941	285	ਜਨ ਕਾ ਸੇਵਕੁ ਸੋ ਵਡਭਾਗੀ॥		Jan Kaa Saevak So Vaddabhaagee ||	The slave of the Lord's servant is so very blessed.	ਇਹੋ ਜਿਹੇ ਸੇਵਕਾਂ ਦਾ ਜੋ ਸੇਵਕ ਬਣਦਾ ਹੈ ਉਹ ਵੱਡੇ ਭਾਗਾਂ ਵਾਲਾ ਹੁੰਦਾ ਹੈ,
12942	285	ਜਨ ਕੈ ਸੰਗਿ ਏਕ ਲਿਵ ਲਾਗੀ॥		Jan Kai Sang Eaek Liv Laagee ||	In the company of His servant, one becomes attached to the Love of the One.	ਉਹਨਾਂ ਦੀ ਸੰਗਤਿ ਵਿਚ ਰਿਹਾਂ ਇਕ ਅਕਾਲ ਪੁਰਖ ਨਾਲ ਸੁਰਤ ਜੁੜਦੀ ਹੈ।
12943	285	ਗੁਨ ਗੋਬਿਦ ਕੀਰਤਨੁ ਜਨੁ ਗਾਵੈ॥		Gun Gobidh Keerathan Jan Gaavai ||	His humble servant sings the Kirtan, the songs of the glory of God.	(ਪ੍ਰਭੂ ਦਾ) ਸੇਵਕ ਪ੍ਰਭੂ ਦੇ ਗੁਣ ਗਾਉਂਦਾ ਹੈ, ਤੇ ਸਿਫ਼ਤ-ਸਾਲਾਹ ਕਰਦਾ ਹੈ।
12944	285	ਗੁਰ ਪ੍ਰਸਾਦਿ ਨਾਨਕ ਫਲੁ ਪਾਵੈ॥੮॥੧੬॥		Gur Prasaadh Naanak Fal Paavai ||8||16||	By Guru's Grace, O Nanak, he receives the fruits of his rewards. ||8||16||	ਹੇ ਨਾਨਕ! ਸਤਿਗੁਰੂ ਦੀ ਕਿਰਪਾ ਨਾਲ ਉਹ (ਪ੍ਰਭੂ ਦਾ ਨਾਮ-ਰੂਪੀ) ਫਲ ਪਾ ਲੈਂਦਾ ਹੈ ॥੮॥੧੬॥
12945	285	ਸਲੋਕੁ॥		Salok ||	Shalok:	
12946	285	ਆਦਿ ਸਚੁ ਜੁਗਾਦਿ ਸਚੁ॥		Aadh Sach Jugaadh Sach ||	True in the beginning, True throughout the ages,	ਪ੍ਰਭੂ ਮੁੱਢ ਤੋਂ ਹੀ ਹੋਂਦ ਵਾਲਾ ਹੈ, ਜੁਗਾਂ ਦੇ ਸ਼ੁਰੂ ਤੋਂ ਮੌਜੂਦ ਹੈ।
12947	285	ਹੈ ਭਿ ਸਚੁ ਨਾਨਕ ਹੋਸੀ ਭਿ ਸਚੁ॥੧॥		Hai Bh Sach Naanak Hosee Bh Sach ||1||	True here and now. O Nanak, He shall forever be True. ||1||	ਐਸ ਵੇਲੇ ਭੀ ਮੌਜੂਦ ਹੈ, ਹੇ ਨਾਨਕ! ਅਗਾਂਹ ਨੂੰ ਭੀ ਸਦਾ ਕਾਇਮ ਰਹੇਗਾ ॥੧॥
12948	285	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	

12949	285	ਚਰਨ ਸਤਿ ਸਤਿ ਪਰਸਨਹਾਰ॥		Charan Sath Sath Parasanehaar ||	His Lotus Feet are True, and True are those who touch Them.	ਪ੍ਰਭੂ ਦੇ ਚਰਨ ਸਦਾ-ਥਿਰ ਹਨ, ਚਰਨਾਂ ਨੂੰ ਛੋਹਣ ਵਾਲੇ ਸੇਵਕ ਭੀ ਅਟੱਲ ਹੋ ਜਾਂਦੇ ਹਨ;
12950	285	ਪੂਜਾ ਸਤਿ ਸਤਿ ਸੇਵਦਾਰ॥		Poojaa Sath Sath Saevadhaar ||	His devotional worship is True, and True are those who worship Him.	ਪ੍ਰਭੂ ਦੀ ਪੂਜਾ ਇਕ ਸਦਾ ਨਿਭਣ ਵਾਲਾ ਕੰਮ ਹੈ, (ਸੋ) ਪੂਜਾ ਕਰਨ ਵਾਲੇ ਸਦਾ ਲਈ ਅਟੱਲ ਹੋ ਜਾਂਦੇ ਹਨ।
12951	285	ਦਰਸਨੁ ਸਤਿ ਸਤਿ ਪੇਖਨਹਾਰ॥		Dharasan Sath Sath Paekhanehaar ||	The Blessing of His Vision is True, and True are those who behold it.	ਪ੍ਰਭੂ ਦਾ ਦੀਦਾਰ ਸਤਿ-(ਕਰਮ) ਹੈ, ਦੀਦਾਰ ਕਰਨ ਵਾਲੇ ਭੀ ਜਨਮ ਮਰਨ ਤੋਂ ਰਹਿਤ ਹੋ ਜਾਂਦੇ ਹਨ;
12952	285	ਨਾਮੁ ਸਤਿ ਸਤਿ ਧਿਆਵਨਹਾਰ॥		Naam Sath Sath Dhhiaavanehaar ||	His Naam is True, and True are those who meditate on it.	ਪ੍ਰਭੂ ਦਾ ਨਾਮ ਸਦਾ ਅਟੱਲ ਹੈ, ਸਿਮਰਨ ਵਾਲੇ ਭੀ ਥਿਰ ਹਨ।
12953	285	ਆਪਿ ਸਤਿ ਸਤਿ ਸਭ ਧਾਰੀ॥		Aap Sath Sath Sabh Dhhaaree ||	He Himself is True, and True is all that He sustains.	ਪ੍ਰਭੂ ਆਪ ਸਦਾ ਹੋਂਦ ਵਾਲਾ ਹੈ, ਉਸ ਦੀ ਟਿਕਾਈ ਹੋਈ ਰਚਨਾ ਭੀ ਹੋਂਦ ਵਾਲੀ ਹੈ;
12954	285	ਆਪੇ ਗੁਣ ਆਪੇ ਗੁਣਕਾਰੀ॥	(ਗੁਣਕਾਰੀ) ਪਰਉਪਕਾਰੀ	Aapae Gun Aapae Gunakaaree ||	He Himself is virtuous goodness, and He Himself is the Bestower of virtue.	ਪ੍ਰਭੂ ਆਪ ਗੁਣ (-ਰੂਪ) ਹੈ, ਆਪ ਹੀ ਗੁਣ ਪੈਦਾ ਕਰਨ ਵਾਲਾ ਹੈ।
12955	285	ਸਬਦੁ ਸਤਿ ਸਤਿ ਪ੍ਰਭੁ ਬਕਤਾ॥		Sabadh Sath Sath Prabh Bakathaa ||	The Word of His Shabad is True, and True are those who speak of God.	(ਪ੍ਰਭੂ ਦੀ ਸਿਫ਼ਤ-ਸਾਲਾਹ ਦਾ) ਸ਼ਬਦ ਸਦਾ ਕਾਇਮ ਹੈ, ਸ਼ਬਦ ਨੂੰ ਉੱਚਾਰਨ ਵਾਲਾ ਵੀ ਥਿਰ ਹੋ ਜਾਂਦਾ ਹੈ,

12956	285	ਸੁਰਤਿ ਸਤਿ ਸਤਿ ਜਸੁ ਸੁਨਤਾ॥		Surath Sath Sath Jas Sunathaa ||	Those ears are True, and True are those who listen to His Praises.	ਪ੍ਰਭੂ ਵਿਚ ਸੁਰਤ ਜੋੜਨੀ ਸਤਿ (-ਕਰਮ ਹੈ) ਪ੍ਰਭੂ ਦਾ ਜਸ ਸੁਣਨ ਵਾਲਾ ਭੀ ਸਤਿ ਹੈ।
12957	285	ਬੁਝਨਹਾਰ ਕਉ ਸਤਿ ਸਭ ਹੋਇ॥	ਬੁੱਝਨਹਾਰ	Bujhanehaar Ko Sath Sabh Hoe ||	All is True to one who understands.	(ਪ੍ਰਭੂ ਦੀ ਹੋਂਦ) ਸਮਝਣ ਵਾਲੇ ਨੂੰ ਉਸ ਦਾ ਰਚਿਆ ਜਗਤ ਭੀ ਹਸਤੀ ਵਾਲਾ ਦਿੱਸਦਾ ਹੈ (ਭਾਵ, ਮਿਥਿਆ ਨਹੀਂ ਭਾਸਦਾ);
12958	285	ਨਾਨਕ ਸਤਿ ਸਤਿ ਪ੍ਰਭੁ ਸੋਇ॥੧॥		Naanak Sath Sath Prabh Soe ||1||	O Nanak, True, True is He, the Lord God. ||1||	ਹੇ ਨਾਨਕ! ਪ੍ਰਭੂ ਆਪ ਸਦਾ ਹੀ ਥਿਰ ਰਹਿਣ ਵਾਲਾ ਹੈ ॥੧॥
12959	285	ਸਤਿ ਸਰੂਪੁ ਰਿਦੈ ਜਿਨਿ ਮਾਨਿਆ॥		Sath Saroop Ridhai Jin Maaniaa ||	One who believes in the Embodiment of Truth with all his heart	ਜਿਸ ਮਨੁੱਖ ਨੇ ਅਟੱਲ ਪ੍ਰਭੂ ਦੀ ਮੂਰਤਿ ਨੂੰ ਸਦਾ ਮਨ ਵਿਚ ਟਿਕਾਇਆ ਹੈ,
12960	285	ਕਰਨ ਕਰਾਵਨ ਤਿਨਿ ਮੂਲੁ ਪਛਾਨਿਆ ॥		Karan Karaavan Thin Mool Pashhaaniaa ||	Recognizes the Cause of causes as the Root of all.	ਉਸ ਨੇ ਸਭ ਕੁਝ ਕਰਨ ਵਾਲੇ ਤੇ (ਜੀਵਾਂ ਪਾਸੋਂ) ਕਰਾਉਣ ਵਾਲੇ (ਜਗਤ ਦੇ) ਮੂਲ ਨੂੰ ਪਛਾਣ ਲਿਆ ਹੈ।
12961	285	ਜਾ ਕੈ ਰਿਦੈ ਬਿਸ੍ਵਾਸੁ ਪ੍ਰਭ ਆਇਆ॥	ਬਿਸ੍ਵਾਸੁ: ਅੱਧਾ ਵਾਵਾ ਪੋਲਾ ਬੋਲੋ, ਪੂਰਾ ਵਾਵਾ ਭਰਵਾਂ ਬੋਲੀਦਾ ਹੈ	Jaa Kai Ridhai Bisvaas Prabh Aaeiaa ||	One whose heart is filled with faith in God	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ (ਦੀ ਹਸਤੀ) ਦਾ ਯਕੀਨ ਬੱਝ ਗਿਆ ਹੈ,

12962	285	ਤਤੁ ਗਿਆਨੁ ਤਿਸੁ ਮਨਿ ਪ੍ਰਗਟਾਇਆ॥		Thath Giaan This Man Pragattaaeiaa ||	The essence of spiritual wisdom is revealed to his mind.	ਉਸ ਦੇ ਮਨ ਵਿਚ ਸੱਚਾ ਗਿਆਨ ਪਰਗਟ ਹੋ ਗਿਆ ਹੈ;
12963	285	ਭੈ ਤੇ ਨਿਰਭਉ ਹੋਇ ਬਸਾਨਾ॥		Bhai Thae Nirabho Hoe Basaanaa ||	Coming out of fear, he comes to live without fear.	(ਉਹ ਮਨੁੱਖ) (ਜਗਤ ਦੇ ਹਰੇਕ) ਡਰ ਤੋਂ (ਰਹਿਤ ਹੋ ਕੇ) ਨਿਡਰ ਹੋ ਕੇ ਵੱਸਦਾ ਹੈ,
12964	285	ਜਿਸ ਤੇ ਉਪਜਿਆ ਤਿਸੁ ਮਾਹਿ ਸਮਾਨਾ॥		Jis Thae Oupajiaa This Maahi Samaanaa ||	He is absorbed into the One, from whom he originated.	(ਕਿਉਂਕਿ) ਉਹ ਸਦਾ ਉਸ ਪ੍ਰਭੂ ਵਿਚ ਲੀਨ ਰਹਿੰਦਾ ਹੈ ਜਿਸ ਤੋਂ ਉਹ ਪੈਦਾ ਹੋਇਆ ਹੈ;
12965	285	ਬਸਤੁ ਮਾਹਿ ਲੇ ਬਸਤੁ ਗਡਾਈ॥		Basath Maahi Lae Basath Gaddaaee ||	When something blends with its own,	(ਜਿਵੇਂ) ਇਕ ਚੀਜ਼ ਲੈ ਕੇ (ਉਸ ਕਿਸਮ ਦੀ) ਚੀਜ਼ ਵਿਚ ਰਲਾ ਦਿੱਤੀ ਜਾਏ (ਤੇ ਦੋਹਾਂ ਦਾ ਕੋਈ ਫ਼ਰਕ ਨਹੀਂ ਰਹਿ ਜਾਂਦਾ,
12966	285	ਤਾ ਕਉ ਭਿੰਨ ਨ ਕਹਨਾ ਜਾਈ॥		Thaa Ko Bhinn N Kehanaa Jaaee ||	It cannot be said to be separate from it.	ਤਿਵੇਂ ਜੋ ਮਨੁੱਖ ਪ੍ਰਭੂ-ਚਰਨਾਂ ਵਿਚ ਲੀਨ ਹੈ) ਉਸ ਨੂੰ ਪ੍ਰਭੂ ਤੋਂ ਵੱਖਰਾ ਨਹੀਂ ਕਿਹਾ ਜਾ ਸਕਦਾ।
12967	285	ਬੂਝੈ ਬੂਝਨਹਾਰੁ ਬਿਬੇਕ॥	ਬੁੱਝੈ ਬੁੱਝਨਹਾਰੁ	Boojhai Boojhanehaar Bibaek ||	This is understood only by one of discerning understanding.	(ਪਰ) ਇਸ ਵਿਚਾਰ ਨੂੰ ਵਿਚਾਰਨ ਵਾਲਾ (ਕੋਈ ਵਿਰਲਾ) ਸਮਝਦਾ ਹੈ।
12968	285	ਨਾਰਾਇਨ ਮਿਲੇ ਨਾਨਕ ਏਕ॥੨॥		Naaraaein Milae Naanak Eaek ||2||	Meeting with the Lord, O Nanak, he becomes one with Him. ||2||	ਹੇ ਨਾਨਕ! ਜੋ ਜੀਵ ਪ੍ਰਭੂ ਨੂੰ ਮਿਲ ਪਏ ਹਨ ਉਹ ਉਸ ਦੇ ਨਾਲ ਇਕ ਰੂਪ ਹੋ ਗਏ ਹਨ ॥੨॥

12969	285	ਠਾਕੁਰ ਕਾ ਸੇਵਕੁ ਆਗਿਆਕਾਰੀ॥		Thaakur Kaa Saevak Aagiaakaaree ||	The servant is obedient to his Lord and Master.	ਪ੍ਰਭੂ ਦਾ ਸੇਵਕ ਪ੍ਰਭੂ ਦੇ ਹੁਕਮ ਵਿਚ ਤੁਰਦਾ ਹੈ,
12970	285	ਠਾਕੁਰ ਕਾ ਸੇਵਕੁ ਸਦਾ ਪੂਜਾਰੀ॥		Thaakur Kaa Saevak Sadhaa Poojaaree ||	The servant worships his Lord and Master forever.	ਤੇ ਸਦਾ ਉਸ ਦੀ ਪੂਜਾ ਕਰਦਾ ਹੈ।
12971	285	ਠਾਕੁਰ ਕੇ ਸੇਵਕ ਕੈ ਮਨਿ ਪਰਤੀਤਿ॥		Thaakur Kae Saevak Kai Man Paratheeth ||	The servant of the Lord Master has faith in his mind.	ਅਕਾਲ ਪੁਰਖ ਦੇ ਸੇਵਕ ਦੇ ਮਨ ਵਿਚ (ਉਸ ਦੀ ਹਸਤੀ ਦਾ) ਵਿਸ਼ਵਾਸ ਰਹਿੰਦਾ ਹੈ,
12972	285	ਠਾਕੁਰ ਕੇ ਸੇਵਕ ਕੀ ਨਿਰਮਲ ਰੀਤਿ॥		Thaakur Kae Saevak Kee Niramal Reeth ||	The servant of the Lord Master lives a pure lifestyle.	(ਤਾਹੀਏਂ) ਉਸ ਦੀ ਜ਼ਿੰਦਗੀ ਦੀ ਸੁੱਚੀ ਮਰਯਾਦਾ ਹੁੰਦੀ ਹੈ।
12973	285	ਠਾਕੁਰ ਕਉ ਸੇਵਕੁ ਜਾਨੈ ਸੰਗਿ॥		Thaakur Ko Saevak Jaanai Sang ||	The servant of the Lord Master knows that the Lord is with him.	ਸੇਵਕ ਆਪਣੇ ਮਾਲਕ-ਪ੍ਰਭੂ ਨੂੰ (ਹਰ ਵੇਲੇ ਆਪਣੇ) ਨਾਲ ਜਾਣਦਾ ਹੈ,
12974	285	ਪ੍ਰਭ ਕਾ ਸੇਵਕੁ ਨਾਮ ਕੈ ਰੰਗਿ॥		Prabh Kaa Saevak Naam Kai Rang ||	God's servant is attuned to the Naam, the Name of the Lord.	ਅਤੇ ਉਸ ਦੇ ਨਾਮ ਦੀ ਮੌਜ ਵਿਚ ਰਹਿੰਦਾ ਹੈ।
12975	285	ਸੇਵਕ ਕਉ ਪ੍ਰਭ ਪਾਲਨਹਾਰਾ॥		Saevak Ko Prabh Paalanehaaraa ||	God is the Cherisher of His servant.	ਪ੍ਰਭੂ ਆਪਣੇ ਸੇਵਕ ਨੂੰ ਸਦਾ ਪਾਲਣ ਦੇ ਸਮਰੱਥ ਹੈ,
12976	285	ਸੇਵਕ ਕੀ ਰਾਖੈ ਨਿਰੰਕਾਰਾ॥		Saevak Kee Raakhai Nirankaaraa ||	The Formless Lord preserves His servant.	ਤੇ ਆਪਣੇ ਸੇਵਕ ਦੀ (ਸਦਾ) ਲਾਜ ਰੱਖਦਾ ਹੈ।

12977	285	ਸੋ ਸੇਵਕੁ ਜਿਸੁ ਦਇਆ ਪ੍ਰਭੁ ਧਾਰੈ॥		So Saevak Jis Dhaeiaa Prabh Dhhaarai ||	Unto His servant, God bestows His Mercy.	(ਪਰ) ਸੇਵਕ ਉਹੀ ਮਨੁੱਖ (ਬਣ ਸਕਦਾ) ਹੈ ਜਿਸ ਤੇ ਪ੍ਰਭੂ ਆਪ ਮੇਹਰ ਕਰਦਾ ਹੈ;
12978	285	ਨਾਨਕ ਸੋ ਸੇਵਕੁ ਸਾਸਿ ਸਾਸਿ ਸਮਾਰੈ॥੩॥		Naanak So Saevak Saas Saas Samaarai ||3||	O Nanak, that servant remembers Him with each and every breath. ||3||	ਹੇ ਨਾਨਕ! ਅਜੇਹਾ ਸੇਵਕ ਪ੍ਰਭੂ ਨੂੰ ਦਮ-ਬ-ਦਮ ਯਾਦ ਰੱਖਦਾ ਹੈ ॥੩॥
12979	285	ਅਪੁਨੇ ਜਨ ਕਾ ਪਰਦਾ ਢਾਕੈ॥		Apunae Jan Kaa Paradhaa Dtaakai ||	He covers the faults of His servant.	ਪ੍ਰਭੂ ਆਪਣੇ ਸੇਵਕ ਦਾ ਪਰਦਾ ਢੱਕਦਾ ਹੈ,
12980	285	ਅਪਨੇ ਸੇਵਕ ਕੀ ਸਰਪਰ ਰਾਖੈ॥		Apanae Saevak Kee Sarapar Raakhai ||	He surely preserves the honor of His servant.	ਤੇ ਉਸ ਦੀ ਲਾਜ ਜ਼ਰੂਰ ਰੱਖਦਾ ਹੈ।
12981	285	ਅਪਨੇ ਦਾਸ ਕਉ ਦੇਇ ਵਡਾਈ॥		Apanae Dhaas Ko Dhaee Vaddaaee ||	He blesses His slave with greatness.	ਪ੍ਰਭੂ ਆਪਣੇ ਸੇਵਕ ਨੂੰ ਮਾਣ ਬਖ਼ਸ਼ਦਾ ਹੈ,
12982	285	ਅਪਨੇ ਸੇਵਕ ਕਉ ਨਾਮੁ ਜਪਾਈ॥		Apanae Saevak Ko Naam Japaaee ||	He inspires His servant to chant the Naam, the Name of the Lord.	ਤੇ ਉਸ ਨੂੰ ਆਪਣਾ ਨਾਮ ਜਪਾਉਂਦਾ ਹੈ।
12983	285	ਅਪਨੇ ਸੇਵਕ ਕੀ ਆਪਿ ਪਤਿ ਰਾਖੈ॥		Apanae Saevak Kee Aap Path Raakhai ||	He Himself preserves the honor of His servant.	ਪ੍ਰਭੂ ਆਪਣੇ ਸੇਵਕ ਦੀ ਇੱਜ਼ਤ ਆਪ ਰੱਖਦਾ ਹੈ,

12984	285	ਤਾ ਕੀ ਗਤਿ ਮਿਤਿ ਕੋਇ ਨ ਲਾਖੈ॥		Thaa Kee Gath Mith Koe N Laakhai ||	No one knows His state and extent.	ਉਸ ਦੀ ਉੱਚ-ਅਵਸਥਾ ਤੇ ਉਸ ਦੇ ਵਡੱਪਣ ਦਾ ਅੰਦਾਜ਼ਾ ਕੋਈ ਨਹੀਂ ਲਗਾ ਸਕਦਾ।
12985	285	ਪ੍ਰਭ ਕੇ ਸੇਵਕ ਕਉ ਕੋ ਨ ਪਹੂਚੈ॥		Prabh Kae Saevak Ko Ko N Pehoochai ||	No one is equal to the servant of God.	ਕੋਈ ਮਨੁੱਖ ਪ੍ਰਭੂ ਦੇ ਸੇਵਕ ਦੀ ਬਰਾਬਰੀ ਨਹੀਂ ਕਰ ਸਕਦਾ,
12986	285	ਪ੍ਰਭ ਕੇ ਸੇਵਕ ਊਚ ਤੇ ਊਚੇ॥		Prabh Kae Saevak Ooch Thae Oochae ||	The servant of God is the highest of the high.	(ਕਿਉਂਕਿ) ਪ੍ਰਭੂ ਦੇ ਸੇਵਕ ਉੱਚਿਆਂ ਤੋਂ ਉਚੇ ਹੁੰਦੇ ਹਨ।
12987	285	ਜੋ ਪ੍ਰਭਿ ਅਪਨੀ ਸੇਵਾ ਲਾਇਆ॥		Jo Prabh Apanee Saevaa Laaeiaa ||	One whom God applies to His own service, O Nanak	(ਪਰ) ਜਿਸ ਨੂੰ ਪ੍ਰਭੂ ਨੇ ਆਪ ਆਪਣੀ ਸੇਵਾ ਵਿਚ ਲਾਇਆ ਹੈ,
12988	285	ਨਾਨਕ ਸੋ ਸੇਵਕੁ ਦਹ ਦਿਸਿ ਪ੍ਰਗਟਾਇਆ ॥੪॥		Naanak So Saevak Dheh Dhis Pragattaaeiaa ||4||	- that servant is famous in the ten directions. ||4||	ਹੇ ਨਾਨਕ! ਉਹ ਸੇਵਕ ਸਾਰੇ ਜਗਤ ਵਿਚ ਪਰਗਟ ਹੋਇਆ ਹੈ ॥੪॥
12989	285	ਨੀਕੀ ਕੀਰੀ ਮਹਿ ਕਲ ਰਾਖੈ॥	ਕਲ:ਪੋਲਾ ਬੋਲੋ। (ਕਲ) ਸ਼ਕਤੀ	Neekee Keeree Mehi Kal Raakhai ||	He infuses His Power into the tiny ant;	(ਜਿਸ) ਨਿੱਕੀ ਜਿਹੀ ਕੀੜੀ ਵਿਚ (ਪ੍ਰਭੂ) ਤਾਕਤ ਭਰਦਾ ਹੈ,
12990	285	ਭਸਮ ਕਰੈ ਲਸਕਰ ਕੋਟਿ ਲਾਖੈ॥		Bhasam Karai Lasakar Kott Laakhai ||	It can then reduce the armies of millions to ashes	(ਉਹ ਕੀੜੀ) ਲੱਖਾਂ ਕਰੋੜਾਂ ਲਸ਼ਕਰਾਂ ਨੂੰ ਸੁਆਹ ਕਰ ਦੇਂਦੀ ਹੈ।
12991	285	ਜਿਸ ਕਾ ਸਾਸੁ ਨ ਕਾਢਤ ਆਪਿ॥		Jis Kaa Saas N Kaadtath Aap ||	Those whose breath of life He Himself does not take away	ਜਿਸ ਜੀਵ ਦਾ ਸ੍ਵਾਸ ਪ੍ਰਭੂ ਆਪ ਨਹੀਂ ਕੱਢਦਾ,

12992	286	ਤਾ ਕਉ ਰਾਖਤ ਦੇ ਕਰਿ ਹਾਥ॥		Thaa Ko Raakhath Dhae Kar Haathh ||	He preserves them, and holds out His Hands to protect them.	ਉਸ ਨੂੰ ਹੱਥ ਦੇ ਕੇ ਰੱਖਦਾ ਹੈ।
12993	286	ਮਾਨਸ ਜਤਨ ਕਰਤ ਬਹੁ ਭਾਤਿ॥	ਭਾਂਤਿ	Maanas Jathan Karath Bahu Bhaath ||	You may make all sorts of efforts,	ਮਨੁੱਖ ਕਈ ਕਿਸਮਾਂ ਦੇ ਜਤਨ ਕਰਦਾ ਹੈ,
12994	286	ਤਿਸ ਕੇ ਕਰਤਬ ਬਿਰਥੇ ਜਾਤਿ॥	ਕਰ-ਤਬ	This Kae Karathab Birathhae Jaath ||	But these attempts are in vain.	(ਪਰ ਜੇ ਪ੍ਰਭੂ ਸਹਾਇਤਾ ਨਾਹ ਕਰੇ ਤਾਂ) ਉਸ ਦੇ ਕੰਮ ਵਿਅਰਥ ਜਾਂਦੇ ਹਨ।
12995	286	ਮਾਰੈ ਨ ਰਾਖੈ ਅਵਰੁ ਨ ਕੋਇ॥		Maarai N Raakhai Avar N Koe ||	No one else can kill or preserve	(ਪ੍ਰਭੂ ਤੋਂ ਬਿਨਾ ਜੀਵਾਂ ਨੂੰ) ਨਾਹ ਕੋਈ ਮਾਰ ਸਕਦਾ ਹੈ, ਨਾਹ ਰੱਖ ਸਕਦਾ ਹੈ, (ਪ੍ਰਭੂ ਜੇਡਾ) ਹੋਰ ਕੋਈ ਨਹੀਂ ਹੈ;
12996	286	ਸਰਬ ਜੀਆ ਕਾ ਰਾਖਾ ਸੋਇ॥		Sarab Jeeaa Kaa Raakhaa Soe ||	He is the Protector of all beings.	ਸਾਰੇ ਜੀਵਾਂ ਦਾ ਰਾਖਾ ਪ੍ਰਭੂ ਆਪ ਹੈ।
12997	286	ਕਾਹੇ ਸੋਚ ਕਰਹਿ ਰੇ ਪ੍ਰਾਣੀ॥		Kaahae Soch Karehi Rae Praanee ||	So why are you so anxious, O mortal?	ਹੇ ਪ੍ਰਾਣੀ! ਤੂੰ ਕਿਉਂ ਫ਼ਿਕਰ ਕਰਦਾ ਹੈਂ?
12998	286	ਜਪਿ ਨਾਨਕ ਪ੍ਰਭ ਅਲਖ ਵਿਡਾਣੀ॥੫॥		Jap Naanak Prabh Alakh Viddaanee ||5||	Meditate, O Nanak, on God, the invisible, the wonderful! ||5||	ਹੇ ਨਾਨਕ! ਅਲੱਖ ਤੇ ਅਚਰਜ ਪ੍ਰਭੂ ਨੂੰ ਸਿਮਰ ॥੫॥
12999	286	ਬਾਰੰ ਬਾਰ ਬਾਰ ਪ੍ਰਭੁ ਜਪੀਐ॥		Baaran Baar Baar Prabh Japeeai ||	Time after time, again and again, meditate on God.	(ਹੇ ਭਾਈ!) ਘੜੀ ਮੁੜੀ ਪ੍ਰਭੂ ਨੂੰ ਸਿਮਰੀਏ,

13000	286	ਪੀ ਅੰਮ੍ਰਿਤੁ ਇਹੁ ਮਨੁ ਤਨੁ ਧ੍ਰਪੀਐ॥	ਧ੍ਰਪੀਐ	Pee Anmrith Eihu Man Than Dhhrapeeai ||	Drinking in this Nectar, this mind and body are satisfied.	ਤੇ (ਨਾਮ-) ਅੰਮ੍ਰਿਤ ਪੀ ਕੇ ਇਸ ਮਨ ਨੂੰ ਤੇ ਸਰੀਰਕ ਇੰਦ੍ਰਿਆਂ ਨੂੰ ਰਜਾ ਦੇਵੀਏ।
13001	286	ਨਾਮ ਰਤਨੁ ਜਿਨਿ ਗੁਰਮੁਖਿ ਪਾਇਆ॥		Naam Rathan Jin Guramukh Paaeiaa ||	The jewel of the Naam is obtained by the Gurmukhs;	ਜਿਸ ਗੁਰਮੁਖ ਨੇ ਨਾਮ-ਰੂਪੀ ਰਤਨ ਲੱਭ ਲਿਆ ਹੈ,
13002	286	ਤਿਸੁ ਕਿਛੁ ਅਵਰੁ ਨਾਹੀ ਦ੍ਰਿਸਟਾਇਆ॥		This Kishh Avar Naahee Dhrisattaaeiaa ||	They see no other than God.	ਉਸ ਨੂੰ ਪ੍ਰਭੂ ਤੋਂ ਬਿਨਾ ਕਿਤੇ ਹੋਰ ਕੁਝ ਨਹੀਂ ਦਿੱਸਦਾ;
13003	286	ਨਾਮੁ ਧਨੁ ਨਾਮੋ ਰੂਪੁ ਰੰਗੁ॥		Naam Dhhan Naamo Roop Rang ||	Unto them, the Naam is wealth, the Naam is beauty and delight.	ਨਾਮ (ਉਸ ਗੁਰਮੁਖ ਦਾ) ਧਨ ਹੈ,
13004	286	ਨਾਮੋ ਸੁਖੁ ਹਰਿ ਨਾਮ ਕਾ ਸੰਗੁ॥		Naamo Sukh Har Naam Kaa Sang ||	The Naam is peace, the Lord's Name is their companion.	ਤੇ ਪ੍ਰਭੂ ਦੇ ਨਾਮ ਦਾ ਉਹ ਸਦਾ ਸੰਗ ਕਰਦਾ ਹੈ।
13005	286	ਨਾਮ ਰਸਿ ਜੋ ਜਨ ਤ੍ਰਿਪਤਾਨੇ॥		Naam Ras Jo Jan Thripathaanae ||	Those who are satisfied by the essence of the Naam	ਜੋ ਮਨੁੱਖ ਨਾਮ ਦੇ ਸੁਆਦ ਵਿਚ ਰੱਜ ਗਏ ਹਨ,
13006	286	ਮਨ ਤਨ ਨਾਮਹਿ ਨਾਮਿ ਸਮਾਨੇ॥	ਨਾਮ-ਹਿ। ਸਮੱਾਨੇ	Man Than Naamehi Naam Samaanae ||	Their minds and bodies are drenched with the Naam.	ਉਹਨਾਂ ਦੇ ਮਨ ਤਨ ਕੇਵਲ ਪ੍ਰਭੂ-ਨਾਮ ਵਿਚ ਹੀ ਜੁੜੇ ਰਹਿੰਦੇ ਹਨ।
13007	286	ਊਠਤ ਬੈਠਤ ਸੋਵਤ ਨਾਮ॥		Oothath Baithath Sovath Naam ||	While standing up, sitting down and sleeping, the Naam,	ਉਠਦਿਆਂ ਬੈਠਦਿਆਂ, ਸੁੱਤਿਆਂ (ਹਰ ਵੇਲੇ) ਪ੍ਰਭੂ ਦਾ ਨਾਮ ਸਿਮਰਨਾ,

13008	286	ਕਹੁ ਨਾਨਕ ਜਨ ਕੈ ਸਦ ਕਾਮ॥੬॥		Kahu Naanak Jan Kai Sadh Kaam ||6||	Says Nanak, is forever the occupation of God's humble servant. ||6||	ਨਾਨਕ ਆਖਦਾ ਹੈ, ਇਹੋ ਹੀ ਸੇਵਕਾਂ ਦਾ ਸਦਾ ਆਹਰ ਹੁੰਦਾ ਹੈ ॥੬॥
13009	286	ਬੋਲਹੁ ਜਸੁ ਜਿਹਬਾ ਦਿਨੁ ਰਾਤਿ॥		Bolahu Jas Jihabaa Dhin Raath ||	Chant His Praises with your tongue, day and night.	(ਹੇ ਭਾਈ!) ਦਿਨ ਰਾਤ ਆਪਣੀ ਜੀਭ ਨਾਲ ਪ੍ਰਭੂ ਦੇ ਗੁਣ ਗਾਵੇ,
13010	286	ਪ੍ਰਭਿ ਅਪਨੈ ਜਨ ਕੀਨੀ ਦਾਤਿ॥		Prabh Apanai Jan Keenee Dhaath ||	God Himself has given this gift to His servants.	ਸਿਫ਼ਿਤ-ਸਾਲਾਹ ਦੀ ਇਹ ਬਖ਼ਸ਼ਸ਼ ਪ੍ਰਭੂ ਨੇ ਆਪਣੇ ਸੇਵਕਾਂ ਨੂੰ (ਹੀ) ਕੀਤੀ ਹੈ;
13011	286	ਕਰਹਿ ਭਗਤਿ ਆਤਮ ਕੈ ਚਾਇ॥		Karehi Bhagath Aatham Kai Chaae ||	Performing devotional worship with heart-felt love,	(ਸੇਵਕ) ਅੰਦਰਲੇ ਉਤਸ਼ਾਹ ਨਾਲ ਭਗਤੀ ਕਰਦੇ ਹਨ,
13012	286	ਪ੍ਰਭ ਅਪਨੇ ਸਿਉ ਰਹਹਿ ਸਮਾਇ॥		Prabh Apanae Sio Rehehi Samaae ||	They remain absorbed in God Himself.	ਤੇ ਆਪਣੇ ਪ੍ਰਭੂ ਨਾਲ ਜੁੜੇ ਰਹਿੰਦੇ ਹਨ।
13013	286	ਜੋ ਹੋਆ ਹੋਵਤ ਸੋ ਜਾਨੈ॥		Jo Hoaa Hovath So Jaanai ||	They know the past and the present.	(ਸੇਵਕ) ਆਪਣੇ ਪ੍ਰਭੂ ਦਾ ਹੁਕਮ ਪਛਾਣ ਲੈਂਦਾ ਹੈ,
13014	286	ਪ੍ਰਭ ਅਪਨੇ ਕਾ ਹੁਕਮੁ ਪਛਾਨੈ॥		Prabh Apanae Kaa Hukam Pashhaanai ||	They recognize God's Own Command.	ਤੇ, ਜੋ ਕੁਝ ਹੋ ਰਿਹਾ ਹੈ, ਉਸ ਨੂੰ (ਰਜ਼ਾ ਵਿਚ) ਜਾਣਦਾ ਹੈ;
13015	286	ਤਿਸ ਕੀ ਮਹਿਮਾ ਕਉਨ ਬਖਾਨਉ॥		This Kee Mehimaa Koun Bakhaano ||	Who can describe His Glory?	ਇਹੋ ਜਿਹੇ ਸੇਵਕ ਦੀ ਕੇਹੜੀ ਵਡਿਆਈ ਮੈਂ ਦੱਸਾਂ?

13016	286	ਤਿਸ ਕਾ ਗੁਨੁ ਕਹਿ ਏਕ ਨ ਜਾਨਉ॥		This Kaa Gun Kehi Eaek N Jaano ||	I cannot describe even one of His virtuous qualities.	ਮੈਂ ਉਸ ਸੇਵਕ ਦਾ ਇਕ ਗੁਣ ਬਿਆਨ ਕਰਨਾ ਭੀ ਨਹੀਂ ਜਾਣਦਾ।
13017	286	ਆਠ ਪਹਰ ਪ੍ਰਭ ਬਸਹਿ ਹਜੂਰੇ॥		Aath Pehar Prabh Basehi Hajoorae ||	Those who dwell in God's Presence, twenty-four hours a day	ਜੋ ਅੱਠੇ ਪਹਰ ਪ੍ਰਭੂ ਦੀ ਹਜ਼ੂਰੀ ਵਿਚ ਵੱਸਦੇ ਹਨ,
13018	286	ਕਹੁ ਨਾਨਕ ਸੇਈ ਜਨ ਪੂਰੇ॥੭॥		Kahu Naanak Saeee Jan Poorae ||7||	- says Nanak, they are the perfect persons. ||7||	ਨਾਨਕ ਆਖਦਾ ਹੈ- ਉਹ ਮਨੁੱਖ ਪੂਰੇ ਭਾਂਡੇ ਹਨ ॥੭॥
13019	286	ਮਨ ਮੇਰੇ ਤਿਨ ਕੀ ਓਟ ਲੇਹਿ॥		Man Maerae Thin Kee Outt Laehi ||	O my mind, seek their protection;	ਹੇ ਮੇਰੇ ਮਨ! (ਜੋ ਮਨੁੱਖ਼ ਸਦਾ ਪ੍ਰਭੂ ਦੀ ਹਜ਼ੂਰੀ ਵਿਚ ਵੱਸਦੇ ਹਨ) ਉਹਨਾਂ ਦੀ ਸਰਣੀ ਪਉ,
13020	286	ਮਨੁ ਤਨੁ ਅਪਨਾ ਤਿਨ ਜਨ ਦੇਹਿ॥		Man Than Apanaa Thin Jan Dhaehi ||	Give your mind and body to those humble beings.	ਅਤੇ ਆਪਣਾ ਤਨ ਮਨ ਉਹਨਾਂ ਤੋਂ ਸਦਕੇ ਕਰ ਦੇਹ।
13021	286	ਜਿਨਿ ਜਨਿ ਅਪਨਾ ਪ੍ਰਭੂ ਪਛਾਤਾ॥		Jin Jan Apanaa Prabhoo Pashhaathaa ||	Those humble beings who recognizes God	ਜਿਸ ਮਨੁੱਖ ਨੇ ਅਪਣੇ ਪ੍ਰਭੂ ਨੂੰ ਪਛਾਣ ਲਿਆ ਹੈ,
13022	286	ਸੋ ਜਨੁ ਸਰਬ ਥੋਕ ਕਾ ਦਾਤਾ॥		So Jan Sarab Thhok Kaa Dhaathaa ||	Are the givers of all things.	ਉਹ ਮਨੁੱਖ ਸਾਰੇ ਪਦਾਰਥ ਦੇਣ ਦੇ ਸਮਰੱਥ ਹੋ ਜਾਂਦਾ ਹੈ।
13023	286	ਤਿਸ ਕੀ ਸਰਨਿ ਸਰਬ ਸੁਖ ਪਾਵਹਿ॥		This Kee Saran Sarab Sukh Paavehi ||	In His Sanctuary, all comforts are obtained.	(ਹੇ ਮਨ!) ਉਸ ਦੀ ਸਰਣੀ ਪਿਆਂ ਤੂੰ ਸਾਰੇ ਸੁਖ ਪਾਵਹਿਂਗਾ,

13024	286	ਤਿਸ ਕੈ ਦਰਸਿ ਸਭ ਪਾਪ ਮਿਟਾਵਹਿ॥		This Kai Dharas Sabh Paap Mittaavehi ||	By the Blessing of His Darshan, all sins are erased.	ਉਸ ਦੇ ਦੀਦਾਰ ਨਾਲ ਤੂੰ ਸਾਰੇ ਪਾਪ ਦੂਰ ਕਰ ਲਵਹਿੰਗਾ।
13025	286	ਅਵਰ ਸਿਆਨਪ ਸਗਲੀ ਛਾਡੁ॥		Avar Siaanap Sagalee Shhaadd ||	So renounce all other clever devices,	ਹੋਰ ਚੁਤਰਾਈ ਛੱਡ ਦੇਹ,
13026	286	ਤਿਸੁ ਜਨ ਕੀ ਤੂ ਸੇਵਾ ਲਾਗੁ॥		This Jan Kee Thoo Saevaa Laag ||	And enjoin yourself to the service of those servants.	ਤੇ ਉਸ ਸੇਵਕ ਦੀ ਸੇਵਾ ਵਿਚ ਜੁੱਟ ਪਉ।
13027	286	ਆਵਨੁ ਜਾਨੁ ਨ ਹੋਵੀ ਤੇਰਾ॥		Aavan Jaan N Hovee Thaeraa ||	Your comings and goings shall be ended.	(ਇਸ ਤਰ੍ਹਾਂ ਮੁੜ ਮੁੜ ਜਗਤ ਵਿਚ) ਤੇਰਾ ਆਉਣ ਜਾਣ ਨਹੀਂ ਹੋਵੇਗਾ।
13028	286	ਨਾਨਕ ਤਿਸੁ ਜਨ ਕੇ ਪੂਜਹੁ ਸਦ ਪੈਰਾ॥੮॥੧੭॥		Naanak This Jan Kae Poojahu Sadh Pairaa ||8||17||	O Nanak, worship the feet of God's humble servants forever. ||8||17||	ਹੇ ਨਾਨਕ! ਉਸ ਸੰਤ ਜਨ ਦੇ ਸਦਾ ਪੈਰ ਪੂਜ ॥੮॥੧੭॥
13029	286	ਸਲੋਕੁ॥		Salok ||	Shalok:	
13030	286	ਸਤਿ ਪੁਰਖੁ ਜਿਨਿ ਜਾਨਿਆ ਸਤਿਗੁਰੁ ਤਿਸ ਕਾ ਨਾਉ॥		Sath Purakh Jin Jaaniaa Sathigur This Kaa Naao ||	The one who knows the True Lord God, is called the True Guru.	ਜਿਸ ਨੇ ਸਦਾ-ਥਿਰ ਤੇ ਵਿਆਪਕ ਪ੍ਰਭੂ ਨੂੰ ਜਾਣ ਲਿਆ ਹੈ, ਉਸ ਦਾ ਨਾਮ ਸਤਿਗੁਰੂ ਹੈ,

13031	286	ਤਿਸ ਕੈ ਸੰਗਿ ਸਿਖੁ ਉਧਰੈ ਨਾਨਕ ਹਰਿ ਗੁਨ ਗਾਉ॥੧॥		This Kai Sang Sikh Oudhharai Naanak Har Gun Gaao ||1||	In His Company, the Sikh is saved, O Nanak, singing the Glorious Praises of the Lord. ||1||	ਉਸ ਦੀ ਸੰਗਤਿ ਵਿਚ (ਰਹਿ ਕੇ) ਸਿੱਖ (ਵਿਕਾਰਾਂ ਤੋਂ) ਬਚ ਜਾਂਦਾ ਹੈ; (ਤਾਂ ਤੇ) ਹੇ ਨਾਨਕ! (ਤੂੰ ਭੀ ਗੁਰੂ ਦੀ ਸੰਗਤਿ ਵਿਚ ਰਹਿ ਕੇ) ਅਕਾਲ ਪੁਰਖ ਦੇ ਗੁਣ ਗਾ ॥੧॥
13032	286	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	
13033	286	ਸਤਿਗੁਰੁ ਸਿਖ ਕੀ ਕਰੈ ਪ੍ਰਤਿਪਾਲ॥		Sathigur Sikh Kee Karai Prathipaal ||	The True Guru cherishes His Sikh.	ਸਤਿਗੁਰੂ ਸਿੱਖ ਦੀ ਰੱਖਿਆ ਕਰਦਾ ਹੈ,
13034	286	ਸੇਵਕ ਕਉ ਗੁਰੁ ਸਦਾ ਦਇਆਲ॥		Saevak Ko Gur Sadhaa Dhaeiaal ||	The Guru is always merciful to His servant.	ਸਤਿਗੁਰੂ ਆਪਣੇ ਸੇਵਕ ਉਤੇ ਸਦਾ ਮੇਹਰ ਕਰਦਾ ਹੈ।
13035	286	ਸਿਖ ਕੀ ਗੁਰੁ ਦੁਰਮਤਿ ਮਲੁ ਹਿਰੈ॥	ਦੁਰ-ਮੱਤਿ	Sikh Kee Gur Dhuramath Mal Hirai ||	The Guru washes away the filth of the evil intellect of His Sikh.	ਸਤਿਗੁਰੂ ਆਪਣੇ ਸਿੱਖ ਦੀ ਭੈੜੀ ਮਤਿ-ਰੂਪੀ ਮੈਲ ਦੂਰ ਕਰ ਦੇਂਦਾ ਹੈ,
13036	286	ਗੁਰ ਬਚਨੀ ਹਰਿ ਨਾਮੁ ਉਚਰੈ॥	ਉੱਚਰੈ	Gur Bachanee Har Naam Oucharai ||	Through the Guru's Teachings, he chants the Lord's Name.	ਕਿਉਂਕਿ ਸਿੱਖ ਆਪਣੇ ਸਤਿਗੁਰੂ ਦੇ ਉਪਦੇਸ਼ ਦੀ ਰਾਹੀਂ ਪ੍ਰਭੂ ਦਾ ਨਾਮ ਸਿਮਰਦਾ ਹੈ।
13037	286	ਸਤਿਗੁਰੁ ਸਿਖ ਕੇ ਬੰਧਨ ਕਾਟੈ॥	ਕੱਾਟੈ	Sathigur Sikh Kae Bandhhan Kaattai ||	The True Guru cuts away the bonds of His Sikh.	ਸਤਿਗੁਰੂ ਆਪਣੇ ਸਿੱਖ ਦੇ (ਮਾਇਆ ਦੇ) ਬੰਧਨ ਕੱਟ ਦੇਂਦਾ ਹੈ,

13038	286	ਗੁਰ ਕਾ ਸਿਖੁ ਬਿਕਾਰ ਤੇ ਹਾਟੈ॥	ਹਾੱਟੈ	Gur Kaa Sikh Bikaar Thae Haattai ||	The Sikh of the Guru abstains from evil deeds.	(ਅਤੇ) ਗੁਰੂ ਦਾ ਸਿੱਖ ਵਿਕਾਰਾਂ ਵਲੋਂ ਹਟ ਜਾਂਦਾ ਹੈ;
13039	286	ਸਤਿਗੁਰੁ ਸਿਖ ਕਉ ਨਾਮ ਧਨੁ ਦੇਇ॥		Sathigur Sikh Ko Naam Dhhan Dhaee ||	The True Guru gives His Sikh the wealth of the Naam.	(ਕਿਉਂਕਿ) ਸਤਿਗੁਰੂ ਆਪਣੇ ਸਿੱਖ ਨੂੰ ਪ੍ਰਭੂ ਦਾ ਨਾਮ-ਰੂਪੀ ਧਨ ਦੇਂਦਾ ਹੈ,
13040	286	ਗੁਰ ਕਾ ਸਿਖੁ ਵਡਭਾਗੀ ਹੇ॥		Gur Kaa Sikh Vaddabhaagee Hae ||	The Sikh of the Guru is very fortunate.	(ਤੇ ਇਸ ਤਰ੍ਹਾਂ) ਸਤਿਗੁਰੂ ਦਾ ਸਿੱਖ ਵੱਡੇ ਭਾਗਾਂ ਵਾਲਾ ਬਣ ਜਾਂਦਾ ਹੈ।
13041	286	ਸਤਿਗੁਰੁ ਸਿਖ ਕਾ ਹਲਤੁ ਪਲਤੁ ਸਵਾਰੈ॥	ਹਲਤੁ ਪਲਤੁ: ਪੋਲੇ ਬੋਲੋ	Sathigur Sikh Kaa Halath Palath Savaarai ||	The True Guru arranges this world and the next for His Sikh.	ਸਤਿਗੁਰੂ ਆਪਣੇ ਸਿੱਖ ਦਾ ਲੋਕ ਪਰਲੋਕ ਸਵਾਰ ਦੇਂਦਾ ਹੈ।
13042	286	ਨਾਨਕ ਸਤਿਗੁਰੁ ਸਿਖ ਕਉ ਜੀਅ ਨਾਲਿ ਸਮਾਰੈ॥੧॥		Naanak Sathigur Sikh Ko Jeea Naal Samaarai ||1||	O Nanak, with the fullness of His heart, the True Guru mends His Sikh. ||1||	ਹੇ ਨਾਨਕ! ਸਤਿਗੁਰੂ ਆਪਣੇ ਸਿੱਖ ਨੂੰ ਆਪਣੀ ਜਿੰਦ ਦੇ ਨਾਲ ਯਾਦ ਰੱਖਦਾ ਹੈ ॥੧॥
13043	286	ਗੁਰ ਕੈ ਗ੍ਰਿਹਿ ਸੇਵਕੁ ਜੋ ਰਹੈ॥	ਗ੍ਰਿਹਿ	Gur Kai Grihi Saevak Jo Rehai ||	That selfless servant, who lives in the Guru's household,	ਜੇਹੜਾ ਸੇਵਕ (ਸਿੱਖਿਆ ਦੀ ਖ਼ਾਤਰ) ਗੁਰੂ ਦੇ ਘਰ ਵਿਚ (ਭਾਵ ਗੁਰੂ ਦੇ ਦਰ ਤੇ) ਰਹਿੰਦਾ ਹੈ,
13044	286	ਗੁਰ ਕੀ ਆਗਿਆ ਮਨ ਮਹਿ ਸਹੈ॥		Gur Kee Aagiaa Man Mehi Sehai ||	Is to obey the Guru's Commands with all his mind.	ਤੇ ਗੁਰੂ ਦਾ ਹੁਕਮ ਮਨ ਵਿਚ ਮੰਨਦਾ ਹੈ;

13045	286	ਆਪਸ ਕਉ ਕਰਿ ਕਛੁ ਨ ਜਨਾਵੈ॥		Aapas Ko Kar Kashh N Janaavai ||	He is not to call attention to himself in any way.	ਜੋ ਆਪਣੇ ਆਪ ਨੂੰ ਵੱਡਾ ਨਹੀਂ ਜਤਾਉਂਦਾ,
13046	286	ਹਰਿ ਹਰਿ ਨਾਮੁ ਰਿਦੈ ਸਦ ਧਿਆਵੈ॥		Har Har Naam Ridhai Sadh Dhhiaavai ||	He is to meditate constantly within his heart on the Name of the Lord.	ਪ੍ਰਭੂ ਦਾ ਨਾਮ ਸਦਾ ਹਿਰਦੇ ਵਿਚ ਧਿਆਉਂਦਾ ਹੈ;
13047	286	ਮਨੁ ਬੇਚੈ ਸਤਿਗੁਰ ਕੈ ਪਾਸਿ॥		Man Baechai Sathigur Kai Paas ||	One who sells his mind to the True Guru	ਜੋ ਆਪਣਾ ਮਨ ਸਤਿਗੁਰੂ ਅੱਗੇ ਵੇਚ ਦੇਂਦਾ ਹੈ (ਭਾਵ ਗੁਰੂ ਦੇ ਹਵਾਲੇ ਕਰ ਦੇਂਦਾ ਹੈ)
13048	286	ਤਿਸੁ ਸੇਵਕ ਕੇ ਕਾਰਜ ਰਾਸਿ॥		This Saevak Kae Kaaraj Raas ||	- that humble servant's affairs are resolved.	ਉਸ ਸੇਵਕ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ।
13049	286	ਸੇਵਾ ਕਰਤ ਹੋਇ ਨਿਹਕਾਮੀ॥		Saevaa Karath Hoe Nihakaamee ||	One who performs selfless service, without thought of reward,	ਜੋ ਸੇਵਕ (ਗੁਰੂ ਦੀ) ਸੇਵਾ ਕਰਦਾ ਹੋਇਆ ਕਿਸੇ ਫਲ ਦੀ ਖ਼ਾਹਸ਼ ਨਹੀਂ ਰੱਖਦਾ,
13050	286	ਤਿਸ ਕਉ ਹੋਤ ਪਰਾਪਤਿ ਸੁਆਮੀ॥		This Ko Hoth Paraapath Suaamee ||	Shall attain his Lord and Master.	ਉਸ ਨੂੰ ਮਾਲਿਕ ਪ੍ਰਭੂ ਮਿਲ ਪੈਂਦਾ ਹੈ।
13051	287	ਅਪਨੀ ਕ੍ਰਿਪਾ ਜਿਸੁ ਆਪਿ ਕਰੇਇ॥		Apanee Kirapaa Jis Aap Karaee ||	He Himself grants His Grace;	ਜਿਸ ਤੇ (ਪ੍ਰਭੂ ਆਪਣੀ ਮੇਹਰ ਕਰਦਾ ਹੈ,

13052	287	ਨਾਨਕ ਸੋ ਸੇਵਕੁ ਗੁਰ ਕੀ ਮਤਿ ਲੇਇ॥੨॥		Naanak So Saevak Gur Kee Math Laee ||2||	O Nanak, that selfless servant lives the Guru's Teachings. ||2||	ਹੇ ਨਾਨਕ! ਉਹ ਸੇਵਕ ਸਤਿਗੁਰੂ ਦੀ ਸਿੱਖਿਆ ਲੈਂਦਾ ਹੈ ॥੨॥
13053	287	ਬੀਸ ਬਿਸਵੇ ਗੁਰ ਕਾ ਮਨੁ ਮਾਨੈ॥	ਮੱਾਨੈ	Bees Bisavae Gur Kaa Man Maanai ||	One who obeys the Guru's Teachings one hundred per cent	ਜੋ ਸੇਵਕ ਆਪਣੇ ਸਤਿਗੁਰੂ ਨੂੰ ਆਪਣੀ ਸਰਧਾ ਦਾ ਪੂਰੇ ਤੌਰ ਤੇ ਯਕੀਨ ਦਿਵਾ ਲੈਂਦਾ ਹੈ,
13054	287	ਸੋ ਸੇਵਕੁ ਪਰਮੇਸੁਰ ਕੀ ਗਤਿ ਜਾਨੈ॥		So Saevak Paramaesur Kee Gath Jaanai ||	That selfless servant comes to know the state of the Transcendent Lord.	ਉਹ ਅਕਾਲ ਪੁਰਖ ਦੀ ਅਵਸਥਾ ਨੂੰ ਸਮਝ ਲੈਂਦਾ ਹੈ।
13055	287	ਸੋ ਸਤਿਗੁਰੁ ਜਿਸੁ ਰਿਦੈ ਹਰਿ ਨਾਉ॥		So Sathigur Jis Ridhai Har Naao ||	The True Guru's Heart is filled with the Name of the Lord.	ਸਤਿਗੁਰੂ (ਭੀ) ਉਹ ਹੈ ਜਿਸ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਵੱਸਦਾ ਹੈ,
13056	287	ਅਨਿਕ ਬਾਰ ਗੁਰ ਕਉ ਬਲਿ ਜਾਉ॥		Anik Baar Gur Ko Bal Jaao ||	So many times, I am a sacrifice to the Guru.	(ਮੈਂ ਐਸੇ) ਗੁਰੂ ਤੋਂ ਕਈ ਵਾਰੀ ਸਦਕੇ ਜਾਂਦਾ ਹਾਂ।
13057	287	ਸਰਬ ਨਿਧਾਨ ਜੀਅ ਕਾ ਦਾਤਾ॥		Sarab Nidhhaan Jeea Kaa Dhaathaa ||	He is the treasure of everything, the Giver of life.	(ਸਤਿਗੁਰੂ) ਸਾਰੇ ਖ਼ਜ਼ਾਨਿਆਂ ਦਾ ਤੇ ਆਤਮਕ ਜ਼ਿੰਦਗੀ ਦਾ ਦੇਣ ਵਾਲਾ ਹੈ,
13058	287	ਆਠ ਪਹਰ ਪਾਰਬ੍ਰਹਮ ਰੰਗਿ ਰਾਤਾ॥		Aath Pehar Paarabreham Rang Raathaa ||	Twenty-four hours a day, He is imbued with the Love of the Supreme Lord God.	(ਕਿਉਂਕਿ) ਉਹ ਅੱਠੇ ਪਹਰ ਅਕਾਲ ਪੁਰਖ ਦੇ ਪਿਆਰ ਵਿਚ ਰੰਗਿਆ ਰਹਿੰਦਾ ਹੈ।

13059	287	ਬ੍ਰਹਮ ਮਹਿ ਜਨੁ ਜਨ ਮਹਿ ਪਾਰਬ੍ਰਹਮੁ॥		Breham Mehi Jan Jan Mehi Paarabreham ||	The servant is in God, and God is in the servant.	(ਪ੍ਰਭੂ ਦਾ) ਸੇਵਕ-(ਸਤਿਗੁਰੂ) ਪ੍ਰਭੂ ਵਿਚ (ਜੁੜਿਆ ਰਹਿੰਦਾ ਹੈ) ਤੇ (ਪ੍ਰਭੂ ਦੇ) ਸੇਵਕ-ਸਤਿਗੁਰੂ ਵਿਚ ਪ੍ਰਭੂ (ਸਦਾ ਟਿਕਿਆ ਹੈ),
13060	287	ਏਕਹਿ ਆਪਿ ਨਹੀ ਕਛੁ ਭਰਮੁ॥		Eaekehi Aap Nehee Kashh Bharam ||	He Himself is One - there is no doubt about this.	ਗੁਰੂ ਤੇ ਪ੍ਰਭੂ ਇਕ-ਰੂਪ ਹਨ, ਇਸ ਵਿਚ ਭੁਲੇਖੇ ਵਾਲੀ ਗੱਲ ਨਹੀਂ।
13061	287	ਸਹਸ ਸਿਆਨਪ ਲਇਆ ਨ ਜਾਈਐ॥		Sehas Siaanap Laeiaa N Jaaeeai ||	By thousands of clever tricks, He is not found.	ਹਜ਼ਾਰਾਂ ਚਤੁਰਾਈਆਂ ਨਾਲ ਅਜੇਹਾ ਗੁਰੂ ਮਿਲਦਾ ਨਹੀਂ,
13062	287	ਨਾਨਕ ਐਸਾ ਗੁਰੁ ਬਡਭਾਗੀ ਪਾਈਐ॥੩॥		Naanak Aisaa Gur Baddabhaagee Paaeeai ||3||	O Nanak, such a Guru is obtained by the greatest good fortune. ||3||	ਹੇ ਨਾਨਕ! ਵੱਡੇ ਭਾਗਾਂ ਨਾਲ ਮਿਲਦਾ ਹੈ ॥੩॥
13063	287	ਸਫਲ ਦਰਸਨੁ ਪੇਖਤ ਪੁਨੀਤ॥		Safal Dharasan Paekhath Puneeth ||	Blessed is His Darshan; receiving it, one is purified.	ਗੁਰੂ ਦਾ ਦੀਦਾਰ (ਸਾਰੇ) ਫਲ ਦੇਣ ਵਾਲਾ ਹੈ, ਦੀਦਾਰ ਕੀਤਿਆਂ ਪਵਿਤ੍ਰ ਹੋ ਜਾਈਦਾ ਹੈ,
13064	287	ਪਰਸਤ ਚਰਨ ਗਤਿ ਨਿਰਮਲ ਰੀਤਿ॥		Parasath Charan Gath Niramal Reeth ||	Touching His Feet, one's conduct and lifestyle become pure.	ਗੁਰੂ ਦੇ ਚਰਨ ਛੋਹਿਆਂ ਉਚੀ ਅਵਸਥਾ ਤੇ ਸੁੱਚੀ ਰਹੁ-ਰੀਤ ਹੋ ਜਾਂਦੀ ਹੈ।
13065	287	ਭੇਟਤ ਸੰਗਿ ਰਾਮ ਗੁਨ ਰਵੇ॥		Bhaettath Sang Raam Gun Ravae ||	Abiding in His Company, one chants the Lord's Praise,	ਗੁਰੂ ਦੀ ਸੰਗਤਿ ਵਿਚ ਰਿਹਾਂ ਪ੍ਰਭੂ ਦੇ ਗੁਣ ਗਾ ਸਕੀਦੇ ਹਨ,

13066	287	ਪਾਰਬ੍ਰਹਮ ਕੀ ਦਰਗਹ ਗਵੇ॥		Paarabreham Kee Dharageh Gavae ||	And reaches the Court of the Supreme Lord God.	ਤੇ ਅਕਾਲ ਪੁਰਖ ਦੀ ਦਰਗਾਹ ਵਿਚ ਪਹੁੰਚ ਹੋ ਜਾਂਦੀ ਹੈ।
13067	287	ਸੁਨਿ ਕਰਿ ਬਚਨ ਕਰਨ ਆਘਾਨੇ॥		Sun Kar Bachan Karan Aaghaanae ||	Listening to His Teachings, one's ears are satisfied.	ਗੁਰੂ ਦੇ ਬਚਨ ਸੁਣ ਕੇ ਕੰਨ ਰੱਜ ਜਾਂਦੇ ਹਨ,
13068	287	ਮਨਿ ਸੰਤੋਖੁ ਆਤਮ ਪਤੀਆਨੇ॥		Man Santhokh Aatham Patheeaanae ||	The mind is contented, and the soul is fulfilled.	ਮਨ ਵਿਚ ਸੰਤੋਖ ਆ ਜਾਂਦਾ ਹੈ ਤੇ ਆਤਮਾ ਪਤੀਜ ਜਾਂਦਾ ਹੈ।
13069	287	ਪੂਰਾ ਗੁਰੁ ਅਖ੍ਯਉ ਜਾ ਕਾ ਮੰਤ੍ਰ॥	(ਅਖ੍ਯਉ) ਨਾਸ ਰਹਿਤ ਅਬਿਨਾਸੀ। ਅਖ੍ਯਉ: ਅਖਿਅਉ	Pooraa Gur Akhyou Jaa Kaa Manthr ||	The Guru is perfect; His Teachings are everlasting.	ਸਤਿਗੁਰੂ ਪੂਰਨ ਪੁਰਖ ਹੈ, ਉਸ ਦਾ ਉਪਦੇਸ਼ ਭੀ ਸਦਾ ਲਈ ਅਟੱਲ ਹੈ,
13070	287	ਅੰਮ੍ਰਿਤ ਦ੍ਰਿਸਟਿ ਪੇਖੈ ਹੋਇ ਸੰਤ॥		Anmrith Dhrisatt Paekhai Hoe Santh ||	Beholding His Ambrosial Glance, one becomes saintly.	(ਜਿਸ ਵਲ) ਅਮਰ ਕਰਨ ਵਾਲੀ ਨਜ਼ਰ ਨਾਲ ਤੱਕਦਾ ਹੈ ਓਹੀ ਸੰਤ ਹੋ ਜਾਂਦਾ ਹੈ।
13071	287	ਗੁਣ ਬਿਅੰਤ ਕੀਮਤਿ ਨਹੀ ਪਾਇ॥		Gun Bianth Keemath Nehee Paae ||	Endless are His virtuous qualities; His worth cannot be appraised.	ਸਤਿਗੁਰੂ ਦੇ ਗੁਣ ਬੇਅੰਤ ਹਨ, ਮੁੱਲ ਨਹੀਂ ਪੈ ਸਕਦਾ।
13072	287	ਨਾਨਕ ਜਿਸੁ ਭਾਵੈ ਤਿਸੁ ਲਏ ਮਿਲਾਇ॥੪॥		Naanak Jis Bhaavai This Leae Milaae ||4||	O Nanak, one who pleases Him is united with Him. ||4||	ਹੇ ਨਾਨਕ! ਜੋ ਜੀਵ (ਪ੍ਰਭੂ ਨੂੰ) ਚੰਗਾ ਲੱਗਦਾ ਹੈ, ਉਸ ਨੂੰ ਗੁਰੂ ਨਾਲ ਮਿਲਾਉਂਦਾ ਹੈ ॥੪॥
13073	287	ਜਿਹਬਾ ਏਕ ਉਸਤਤਿ ਅਨੇਕ॥		Jihabaa Eaek Ousathath Anaek ||	The tongue is one, but His Praises are many.	(ਮਨੁੱਖ ਦੀ) ਜੀਭ ਇੱਕ ਹੈ, ਪਰ ਉਸ ਪ੍ਰਭੂ ਦੇ ਅਨੇਕਾਂ ਗੁਣ ਹਨ,

13074	287	ਸਤਿ ਪੁਰਖ ਪੂਰਨ ਬਿਬੇਕ॥		Sath Purakh Pooran Bibaek ||	The True Lord, of perfect perfection -	ਜੋ ਪੂਰਨ ਪੁਰਖ ਹੈ, ਸਦਾ-ਥਿਰ ਰਹਿਣ ਵਾਲਾ ਅਤੇ ਵਿਆਪਕ ਹੈ।
13075	287	ਕਾਹੂ ਬੋਲ ਨ ਪਹੁਚਤ ਪ੍ਰਾਨੀ॥	ਪਹੁ-ਚਤ	Kaahoo Bol N Pahuchath Praanee ||	No speech can take the mortal to Him.	ਮਨੁੱਖ ਕਿਸੇ ਬੋਲ ਦੁਆਰਾ (ਪ੍ਰਭੂ ਦੇ ਗੁਣਾਂ ਤਕ) ਪਹੁੰਚ ਨਹੀਂ ਸਕਦਾ,
13076	287	ਅਗਮ ਅਗੋਚਰ ਪ੍ਰਭ ਨਿਰਬਾਨੀ॥	ਅ-ਗਮ: ਪੋਲਾ ਬੋਲੋ ਸੋਗ ਰਹਿਤ	Agam Agochar Prabh Nirabaanee ||	God is Inaccessible, Incomprehensible, balanced in the state of Nirvaanaa.	ਪ੍ਰਭੂ ਪਹੁੰਚ ਤੋਂ ਪਰੇ ਹੈ, ਵਾਸਨਾ-ਰਹਿਤ ਹੈ, ਤੇ ਮਨੁੱਖ ਦੇ ਸਰੀਰਕ ਇੰਦ੍ਰਿਆਂ ਦੀ ਉਸ ਤਕ ਪਹੁੰਚ ਨਹੀਂ।
13077	287	ਨਿਰਾਹਾਰ ਨਿਰਵੈਰ ਸੁਖਦਾਈ॥		Niraahaar Niravair Sukhadhaaee ||	He is not sustained by food; He has no hatred or vengeance; He is the Giver of peace.	ਅਕਾਲ ਪੁਰਖ ਨੂੰ ਕਿਸੇ ਖ਼ੁਰਾਕ ਦੀ ਲੋੜ ਨਹੀਂ, ਪ੍ਰਭੂ ਵੈਰ-ਰਹਿਤ ਹੈ (ਸਗੋਂ ਸਭ ਨੂੰ) ਸੁਖ ਦੇਣ ਵਾਲਾ ਹੈ,
13078	287	ਤਾ ਕੀ ਕੀਮਤਿ ਕਿਨੈ ਨ ਪਾਈ॥		Thaa Kee Keemath Kinai N Paaee ||	No one can estimate His worth.	ਕੋਈ ਜੀਵ ਉਸ (ਦੇ ਗੁਣਾਂ) ਦਾ ਮੁੱਲ ਨਹੀਂ ਪਾ ਸਕਿਆ।
13079	287	ਅਨਿਕ ਭਗਤ ਬੰਦਨ ਨਿਤ ਕਰਹਿ॥		Anik Bhagath Bandhan Nith Karehi ||	Countless devotees continually bow in reverence to Him.	ਅਨੇਕਾਂ ਭਗਤ ਸਦਾ (ਪ੍ਰਭੂ ਨੂੰ) ਨਮਸਕਾਰ ਕਰਦੇ ਹਨ,
13080	287	ਚਰਨਕਮਲ ਹਿਰਦੈ ਸਿਮਰਹਿ॥		Charan Kamal Hiradhai Simarehi ||	In their hearts, they meditate on His Lotus Feet.	ਅਤੇ ਉਸ ਦੇ ਕਮਲਾਂ ਵਰਗੇ (ਸੋਹਣੇ) ਚਰਨਾਂ ਨੂੰ ਆਪਣੇ ਹਿਰਦੇ ਵਿਚ ਸਿਮਰਦੇ ਹਨ।
13081	287	ਸਦ ਬਲਿਹਾਰੀ ਸਤਿਗੁਰ ਅਪਨੇ॥		Sadh Balihaaree Sathigur Apanae ||	Nanak is forever a sacrifice to the True Guru;	ਮੈਂ ਆਪਣੇ ਉਸ ਗੁਰੂ ਤੋਂ ਸਦਾ ਸਦਕੇ ਹਾਂ,

13082	287	ਨਾਨਕ ਜਿਸੁ ਪ੍ਰਸਾਦਿ ਐਸਾ ਪ੍ਰਭੁ ਜਪਨੇ॥੫॥		Naanak Jis Prasaadh Aisaa Prabh Japanae ||5||	By His Grace, he meditates on God. ||5||	ਹੇ ਨਾਨਕ! (ਆਖ-) ਜਿਸ ਗੁਰੂ ਦੀ ਮੇਹਰ ਨਾਲ ਐਸੇ ਪ੍ਰਭੂ ਨੂੰ ਜਪ ਸਕੀਦਾ ਹੈ ॥੫॥
13083	287	ਇਹੁ ਹਰਿ ਰਸੁ ਪਾਵੈ ਜਨੁ ਕੋਇ॥		Eihu Har Ras Paavai Jan Koe ||	Only a few obtain this ambrosial essence of the Lord's Name.	ਕੋਈ ਵਿਰਲਾ ਮਨੁੱਖ ਪ੍ਰਭੂ ਦੇ ਨਾਮ ਦਾ ਸੁਆਦ ਮਾਣਦਾ ਹੈ,
13084	287	ਅੰਮ੍ਰਿਤੁ ਪੀਵੈ ਅਮਰੁ ਸੋ ਹੋਇ॥		Anmrith Peevai Amar So Hoe ||	Drinking in this Nectar, one becomes immortal.	(ਤੇ ਜੋ ਮਾਣਦਾ ਹੈ) ਉਹ ਨਾਮ-ਅੰਮ੍ਰਿਤ ਪੀਂਦਾ ਹੈ, ਤੇ ਅਮਰ ਹੋ ਜਾਂਦਾ ਹੈ।
13085	287	ਉਸੁ ਪੁਰਖ ਕਾ ਨਾਹੀ ਕਦੇ ਬਿਨਾਸ॥		Ous Purakh Kaa Naahee Kadhae Binaas ||	That person whose mind is illuminated	ਉਸ ਦਾ ਕਦੇ ਨਾਸ ਨਹੀਂ ਹੁੰਦਾ (ਭਾਵ, ਉਹ ਮੁੜ ਮੁੜ ਮੌਤ ਦਾ ਸ਼ਿਕਾਰ ਨਹੀਂ ਹੁੰਦਾ)
13086	287	ਜਾ ਕੈ ਮਨਿ ਪ੍ਰਗਟੇ ਗੁਨਤਾਸ॥		Jaa Kai Man Pragattae Gunathaas ||	By the treasure of excellence, never dies.	ਜਿਸ ਦੇ ਮਨ ਵਿਚ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦਾ ਪ੍ਰਕਾਸ਼ ਹੁੰਦਾ ਹੈ।
13087	287	ਆਠ ਪਹਰ ਹਰਿ ਕਾ ਨਾਮੁ ਲੇਇ॥	ਲੇ-ਇ	Aath Pehar Har Kaa Naam Laee ||	Twenty-four hours a day, he takes the Name of the Lord.	(ਸਤਿਗੁਰੂ) ਅੱਠੇ ਪਹਰ ਪ੍ਰਭੂ ਦਾ ਨਾਮ ਸਿਮਰਦਾ ਹੈ,
13088	287	ਸਚੁ ਉਪਦੇਸੁ ਸੇਵਕ ਕਉ ਦੇਇ॥	ਦੇ-ਇ	Sach Oupadhaes Saevak Ko Dhaee ||	The Lord gives true instruction to His servant.	ਤੇ ਆਪਣੇ ਸੇਵਕ ਨੂੰ ਭੀ ਇਹੀ ਸੱਚਾ ਉਪਦੇਸ ਦੇਂਦਾ ਹੈ।
13089	287	ਮੋਹ ਮਾਇਆ ਕੈ ਸੰਗਿ ਨ ਲੇਪੁ॥		Moh Maaeiaa Kai Sang N Laep ||	He is not polluted by emotional attachment to Maya.	ਮਾਇਆ ਦੇ ਮੋਹ ਦੇ ਨਾਲ ਉਸ ਦਾ ਕਦੇ ਜੋੜ ਨਹੀਂ ਹੁੰਦਾ,

13090	287	ਮਨ ਮਹਿ ਰਾਖੈ ਹਰਿ ਹਰਿ ਏਕੁ॥		Man Mehi Raakhai Har Har Eaek ||	In his mind, he cherishes the One Lord, Har, Har.	ਉਹ ਸਦਾ ਆਪਣੇ ਮਨ ਵਿਚ ਇਕ ਪ੍ਰਭੂ ਨੂੰ ਟਿਕਾਉਂਦਾ ਹੈ।
13091	287	ਅੰਧਕਾਰ ਦੀਪਕ ਪਰਗਾਸੇ॥		Andhhakaar Dheepak Paragaasae ||	In the pitch darkness, a lamp shines forth.	(ਜਿਸ ਦੇ ਅੰਦਰੋਂ) (ਨਾਮ-ਰੂਪ) ਦੀਵੇ ਦੇ ਨਾਲ (ਅਗਿਆਨਤਾ ਦਾ) ਹਨੇਰਾ (ਹਟ ਕੇ) ਚਾਨਣ ਹੋ ਜਾਂਦਾ ਹੈ,
13092	287	ਨਾਨਕ ਭਰਮ ਮੋਹ ਦੁਖ ਤਹ ਤੇ ਨਾਸੇ॥੬॥	ਨੱਾਸੇ	Naanak Bharam Moh Dhukh Theh Thae Naasae ||6||	O Nanak, doubt, emotional attachment and pain are erased. ||6||	ਹੇ ਨਾਨਕ! ਉਸ ਦੇ ਭੁਲੇਖੇ ਤੇ ਮੋਹ ਦੇ (ਕਾਰਣ ਪੈਦਾ ਹੋਏ) ਦੁੱਖ ਦੂਰ ਹੋ ਜਾਂਦੇ ਹਨ ॥੬॥
13093	287	ਤਪਤਿ ਮਾਹਿ ਠਾਢਿ ਵਰਤਾਈ॥		Thapath Maahi Thaadt Varathaaee ||	In the burning heat, a soothing coolness prevails.	ਹੇ ਭਾਈ! ਗੁਰੂ ਦੇ ਪੂਰੇ ਉਪਦੇਸ਼ ਦੁਆਰਾ (ਵਿਕਾਰਾਂ ਦੀ) ਤਪਸ਼ ਵਿਚ (ਵੱਸਦਿਆਂ ਭੀ, ਪ੍ਰਭੂ ਨੇ ਸਾਡੇ ਅੰਦਰ) ਠੰਢ ਵਰਤਾ ਦਿੱਤੀ ਹੈ,
13094	287	ਅਨਦੁ ਭਇਆ ਦੁਖ ਨਾਠੇ ਭਾਈ॥		Anadh Bhaeiaa Dhukh Naathae Bhaaee ||	Happiness ensues and pain departs, O Siblings of Destiny.	ਸੁਖ ਹੀ ਸੁਖ ਹੋ ਗਿਆ ਹੈ, ਦੁੱਖ ਨੱਸ ਗਏ ਹਨ,
13095	287	ਜਨਮ ਮਰਨ ਕੇ ਮਿਟੇ ਅੰਦੇਸੇ॥		Janam Maran Kae Mittae Andhaesae ||	The fear of birth and death is dispelled,	ਤੇ ਜਨਮ ਮਰਨ ਦੇ (ਗੇੜ ਵਿਚ ਪੈਣ ਦੇ) ਡਰ ਫ਼ਿਕਰ ਮਿਟ ਗਏ ਹਨ,
13096	287	ਸਾਧੂ ਕੇ ਪੂਰਨ ਉਪਦੇਸੇ॥		Saadhhoo Kae Pooran Oupadhaesae ||	By the perfect Teachings of the Holy Saint.	ਇਹ ਗੁਰੂ ਦੇ ਉਪਦੇਸ਼ ਦਾ ਸਦਕਾ ਹੀ ਹੋਇਆ ਹੈ।

13097	287	ਭਉ ਚੂਕਾ ਨਿਰਭਉ ਹੋਇ ਬਸੇ॥	ਬਸੇ: ਪੋਲਾ ਬੋਲੋ	Bho Chookaa Nirabho Hoe Basae ||	Fear is lifted, and one abides in fearlessness.	(ਸਾਰਾ) ਡਰ ਮੁੱਕ ਗਿਆ ਹੈ, ਹੁਣ ਨਿਡਰ ਵੱਸਦੇ ਹਾਂ,
13098	287	ਸਗਲ ਬਿਆਧਿ ਮਨ ਤੇ ਖੈ ਨਸੇ॥	ਨੱਸੇ	Sagal Biaadhh Man Thae Khai Nasae ||	All evils are dispelled from the mind.	ਸਾਰੇ ਰੋਗ ਨਾਸ ਹੋ ਕੇ ਮਨੋਂ ਵਿਸਰ ਗਏ ਹਨ।
13099	287	ਜਿਸ ਕਾ ਸਾ ਤਿਨਿ ਕਿਰਪਾ ਧਾਰੀ॥		Jis Kaa Saa Thin Kirapaa Dhhaaree ||	He takes us into His favor as His own.	ਜਿਸ ਗੁਰੂ ਦੇ ਬਣੇ ਸਾਂ, ਉਸ ਨੇ (ਸਾਡੇ ਉਤੇ) ਕਿਰਪਾ ਕੀਤੀ ਹੈ;
13100	287	ਸਾਧਸੰਗਿ ਜਪਿ ਨਾਮੁ ਮੁਰਾਰੀ॥		Saadhhasang Jap Naam Muraaree ||	In the Company of the Holy, chant the Naam, the Name of the Lord.	ਸਤਸੰਗ ਵਿਚ ਪ੍ਰਭੂ ਦਾ ਨਾਮ ਜਪ ਕੇ,
13101	287	ਥਿਤਿ ਪਾਈ ਚੂਕੇ ਭ੍ਰਮ ਗਵਨ॥	ਥਿੱਤਿ	Thhith Paaee Chookae Bhram Gavan ||	Stability is attained; doubt and wandering cease,	ਤੇ (ਅਸਾਂ) ਸ਼ਾਂਤੀ ਹਾਸਲ ਕਰ ਲਈ ਹੈ ਤੇ (ਸਾਡੇ) ਭੁਲੇਖੇ ਤੇ ਭਟਕਣਾ ਮੁੱਕ ਗਏ ਹਨ।
13102	287	ਸੁਨਿ ਨਾਨਕ ਹਰਿ ਹਰਿ ਜਸੁ ਸ੍ਰਵਨ॥੭॥		Sun Naanak Har Har Jas Sravan ||7||	O Nanak, listening with one's ears to the Praises of the Lord, Har, Har. ||7||	ਹੇ ਨਾਨਕ! ਪ੍ਰਭੂ ਦਾ ਜਸ ਕੰਨੀਂ ਸੁਣ ਕੇ (ਇਹ ਭਰਮਉ ਅਤੇ ਭਟਕਣਾ ਮੁੱਕੀ ਹੈ) ॥੭॥
13103	287	ਨਿਰਗੁਨੁ ਆਪਿ ਸਰਗੁਨੁ ਭੀ ਓਹੀ॥		Niragun Aap Saragun Bhee Ouhee ||	He Himself is absolute and unrelated; He Himself is also involved and related.	ਉਹ ਆਪ ਮਾਇਆ ਦੇ ਤਿੰਨਾਂ ਗੁਣਾਂ ਤੋਂ ਵੱਖਰਾ ਹੈ, ਤ੍ਰਿਗੁਣੀ ਸੰਸਾਰ ਦਾ ਰੂਪ ਭੀ ਆਪ ਹੀ ਹੈ,

13104	287	ਕਲਾ ਧਾਰਿ ਜਿਨਿ ਸਗਲੀ ਮੋਹੀ॥		Kalaa Dhhaar Jin Sagalee Mohee ||	Manifesting His power, He fascinates the entire world.	ਜਿਸ ਪ੍ਰਭੂ ਨੇ ਆਪਣੀ ਤਾਕਤ ਕਾਇਮ ਕਰ ਕੇ ਸਾਰੇ ਜਗਤ ਨੂੰ ਮੋਹਿਆ ਹੈ।
13105	287	ਅਪਨੇ ਚਰਿਤ ਪ੍ਰਭਿ ਆਪਿ ਬਨਾਏ॥	ਚਰਿਤ: ਪੋਲਾ ਬੋਲੋ ਮਿਲਵਾਂ	Apanae Charith Prabh Aap Banaaeae ||	God Himself sets His play in motion.	ਪ੍ਰਭੂ ਨੇ ਆਪਣੇ ਖੇਲ-ਤਮਾਸ਼ੇ ਆਪ ਹੀ ਬਣਾਏ ਹਨ,
13106	287	ਅਪੁਨੀ ਕੀਮਤਿ ਆਪੇ ਪਾਏ॥		Apunee Keemath Aapae Paaeae ||	Only He Himself can estimate His worth.	ਆਪਣੀ ਬਜ਼ੁਰਗੀ ਦਾ ਮੁੱਲ ਭੀ ਆਪ ਹੀ ਪਾਂਦਾ ਹੈ।
13107	287	ਹਰਿ ਬਿਨੁ ਦੂਜਾ ਨਾਹੀ ਕੋਇ॥		Har Bin Dhoojaa Naahee Koe ||	There is none, other than the Lord.	ਪ੍ਰਭੂ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ ਹੈ,
13108	287	ਸਰਬ ਨਿਰੰਤਰਿ ਏਕੋ ਸੋਇ॥		Sarab Niranthar Eaeko Soe ||	Permeating all, He is the One.	ਸਭ ਦੇ ਅੰਦਰ ਪ੍ਰਭੂ ਆਪ ਹੀ (ਮੌਜੂਦ) ਹੈ।
13109	287	ਓਤਿ ਪੋਤਿ ਰਵਿਆ ਰੂਪ ਰੰਗ॥		Outh Poth Raviaa Roop Rang ||	Through and through, He pervades in form and color.	ਤਾਣੇ ਪੇਟੇ ਵਾਂਗ ਸਾਰੇ ਰੂਪਾਂ ਤੇ ਰੰਗਾਂ ਵਿਚ ਵਿਆਪਕ ਹੈ;
13110	287	ਭਏ ਪ੍ਰਗਾਸ ਸਾਧ ਕੈ ਸੰਗ॥		Bheae Pragaas Saadhh Kai Sang ||	He is revealed in the Company of the Holy.	ਇਹ ਚਾਨਣ (ਭਾਵ, ਸਮਝ) ਸਤਿਗੁਰੂ ਦੀ ਸੰਗਤਿ ਵਿਚ ਪ੍ਰਕਾਸ਼ਦਾ ਹੈ।
13111	288	ਰਚਿ ਰਚਨਾ ਅਪਨੀ ਕਲ ਧਾਰੀ॥		Rach Rachanaa Apanee Kal Dhhaaree ||	Having created the creation, He infuses His own power into it.	ਸ੍ਰਿਸ਼ਟੀ ਰਚ ਕੇ ਪ੍ਰਭੂ ਨੇ ਆਪਣੀ ਸੱਤਿਆ (ਇਸ ਸ੍ਰਿਸ਼ਟੀ ਵਿਚ) ਟਿਕਾਈ ਹੈ।

13112	288	ਅਨਿਕ ਬਾਰ ਨਾਨਕ ਬਲਿਹਾਰੀ॥੮॥੧੮॥		Anik Baar Naanak Balihaaree ||8||18||	So many times, Nanak is a sacrifice to Him. ||8||18||	ਹੇ ਨਾਨਕ! (ਆਖ) ਮੈਂ ਕਈ ਵਾਰ (ਐਸੇ ਪ੍ਰਭੂ ਤੋਂ) ਸਦਕੇ ਹਾਂ ॥੮॥੧੮॥
13113	288	ਸਲੋਕੁ॥		Salok ||	Shalok:	
13114	288	ਸਾਥਿ ਨ ਚਾਲੈ ਬਿਨੁ ਭਜਨ ਬਿਖਿਆ ਸਗਲੀ ਛਾਰੁ॥		Saathh N Chaalai Bin Bhajan Bikhiaa Sagalee Shhaar ||	Nothing shall go along with you, except your devotion. All corruption is like ashes.	(ਪ੍ਰਭੂ ਦੇ) ਭਜਨ ਤੋਂ ਬਿਨਾ (ਹੋਰ ਕੋਈ ਸ਼ੈ ਮਨੁੱਖ ਦੇ) ਨਾਲ ਨਹੀਂ ਜਾਂਦੀ, ਸਾਰੀ ਮਾਇਆ (ਜੋ ਮਨੁੱਖ ਕਮਾਉਂਦਾ ਰਹਿੰਦਾ ਹੈ, ਜਗਤ ਤੋਂ ਤੁਰਨ ਵੇਲੇ ਇਸ ਦੇ ਵਾਸਤੇ) ਸੁਆਹ (ਸਮਾਨ) ਹੈ।
13115	288	ਹਰਿ ਹਰਿ ਨਾਮੁ ਕਮਾਵਨਾ ਨਾਨਕ ਇਹੁ ਧਨੁ ਸਾਰੁ॥੧॥		Har Har Naam Kamaavanaa Naanak Eihu Dhhan Saar ||1||	Practice the Name of the Lord, Har, Har. O Nanak, this is the most excellent wealth. ||1||	ਹੇ ਨਾਨਕ! ਅਕਾਲ ਪੁਰਖ ਦਾ ਨਾਮ (ਸਿਮਰਨ) ਦੀ ਕਮਾਈ ਕਰਨਾ ਹੀ (ਸਭ ਤੋਂ) ਚੰਗਾ ਧਨ ਹੈ (ਇਹੀ ਮਨੁੱਖ ਦੇ ਨਾਲ ਨਿਭਦਾ ਹੈ) ॥੧॥
13116	288	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	
13117	288	ਸੰਤ ਜਨਾ ਮਿਲਿ ਕਰਹੁ ਬੀਚਾਰੁ॥		Santh Janaa Mil Karahu Beechaar ||	Joining the Company of the Saints, practice deep meditation.	ਸੰਤਾਂ ਨਾਲ ਮਿਲ ਕੇ (ਪ੍ਰਭੂ ਦੇ ਗੁਣਾਂ ਦਾ) ਵਿਚਾਰ ਕਰੋ,

13118	288	ਏਕੁ ਸਿਮਰਿ ਨਾਮ ਆਧਾਰੁ॥		Eaek Simar Naam Aadhhaar ||	Remember the One, and take the Support of the Naam, the Name of the Lord.	ਇੱਕ ਪ੍ਰਭੂ ਨੂੰ ਸਿਮਰੋ ਤੇ ਪ੍ਰਭੂ ਦੇ ਨਾਮ ਦਾ ਆਸਰਾ (ਲਵੋ)।
13119	288	ਅਵਰਿ ਉਪਾਵ ਸਭਿ ਮੀਤ ਬਿਸਾਰਹੁ॥		Avar Oupaav Sabh Meeth Bisaarahu ||	Forget all other efforts, O my friend	ਹੇ ਮਿਤ੍ਰ! ਹੋਰ ਸਾਰੇ ਹੀਲੇ ਛੱਡ ਦਿਉ,
13120	288	ਚਰਨਕਮਲ ਰਿਦ ਮਹਿ ਉਰਿ ਧਾਰਹੁ॥		Charan Kamal Ridh Mehi Our Dhhaarahu ||	- enshrine the Lord's Lotus Feet within your heart.	ਤੇ ਪ੍ਰਭੂ ਦੇ ਕਮਲ (ਵਰਗੇ ਸੋਹਣੇ) ਚਰਨ ਹਿਰਦੇ ਵਿਚ ਟਿਕਾਉ।
13121	288	ਕਰਨ ਕਾਰਨ ਸੋ ਪ੍ਰਭੁ ਸਮਰਥੁ॥	ਸਮਰੱਥੁ	Karan Kaaran So Prabh Samarathh ||	God is All-powerful; He is the Cause of causes.	ਉਹ ਪ੍ਰਭੂ (ਸਭ ਕੁਝ ਆਪ) ਕਰਨ (ਤੇ ਜੀਵਾਂ ਪਾਸੋਂ) ਕਰਾਉਣ ਦੀ ਤਾਕਤ ਰੱਖਦਾ ਹੈ,
13122	288	ਦ੍ਰਿੜੁ ਕਰਿ ਗਹਹੁ ਨਾਮੁ ਹਰਿ ਵਥੁ॥	ਵੱਥੁ	Dhrirr Kar Gehahu Naam Har Vathh ||	Grasp firmly the object of the Lord's Name.	ਉਸ ਪ੍ਰਭੂ ਦਾ ਨਾਮ-ਰੂਪੀ (ਸੋਹਣਾ) ਪਦਾਰਥ ਪੱਕਾ ਕਰ ਕੇ ਸਾਂਭ ਲਵੋ।
13123	288	ਇਹੁ ਧਨੁ ਸੰਚਹੁ ਹੋਵਹੁ ਭਗਵੰਤ॥		Eihu Dhhan Sanchahu Hovahu Bhagavanth ||	Gather this wealth, and become very fortunate.	(ਹੇ ਭਾਈ!) (ਨਾਮ-ਰੂਪ) ਇਹ ਧਨ ਇਕੱਠਾ ਕਰੋ ਤੇ ਭਾਗਾਂ ਵਾਲੇ ਬਣੋ,
13124	288	ਸੰਤ ਜਨਾ ਕਾ ਨਿਰਮਲ ਮੰਤ॥		Santh Janaa Kaa Niramal Manth ||	Pure are the instructions of the humble Saints.	ਸੰਤਾਂ ਦਾ ਇਹੀ ਪਵਿਤ੍ਰ ਉਪਦੇਸ਼ ਹੈ।

13125	288	ਏਕ ਆਸ ਰਾਖਹੁ ਮਨ ਮਾਹਿ॥		Eaek Aas Raakhahu Man Maahi ||	Keep faith in the One Lord within your mind.	ਆਪਣੇ ਮਨ ਵਿਚ ਇਕ (ਪ੍ਰਭੂ ਦੀ) ਆਸ ਰੱਖੋ,
13126	288	ਸਰਬ ਰੋਗ ਨਾਨਕ ਮਿਟਿ ਜਾਹਿ॥੧॥		Sarab Rog Naanak Mitt Jaahi ||1||	All disease, O Nanak, shall then be dispelled. ||1||	ਹੇ ਨਾਨਕ! (ਇਸ ਤਰ੍ਹਾਂ) ਸਾਰੇ ਰੋਗ ਮਿਟ ਜਾਣਗੇ ॥੧॥
13127	288	ਜਿਸੁ ਧਨ ਕਉ ਚਾਰਿ ਕੁੰਟ ਉਠਿ ਧਾਵਹਿ॥	ਧਾਵ-ਹਿ	Jis Dhhan Ko Chaar Kuntt Outh Dhhaavehi ||	The wealth which you chase after in the four directions	(ਹੇ ਮਿਤ੍ਰ!) ਜਿਸ ਧਨ ਦੀ ਖ਼ਾਤਰ (ਤੂੰ) ਚੌਹੀਂ ਪਾਸੀਂ ਉਠ ਦੌੜਦਾ ਹੈਂ,
13128	288	ਸੋ ਧਨੁ ਹਰਿ ਸੇਵਾ ਤੇ ਪਾਵਹਿ॥	ਪਾਵ-ਹਿ	So Dhhan Har Saevaa Thae Paavehi ||	You shall obtain that wealth by serving the Lord.	ਉਹ ਧਨ ਤੂੰ ਪ੍ਰਭੂ ਦੀ ਸੇਵਾ ਤੋਂ ਲਏਂਗਾ।
13129	288	ਜਿਸੁ ਸੁਖ ਕਉ ਨਿਤ ਬਾਛਹਿ ਮੀਤ॥	ਬਾਛ-ਹਿ	Jis Sukh Ko Nith Baashhehi Meeth ||	The peace, which you always yearn for, O friend	ਹੇ ਮਿਤ੍ਰ! ਜਿਸ ਸੁਖ ਨੂੰ ਤੂੰ ਸਦਾ ਤਾਂਘਦਾ ਹੈਂ,
13130	288	ਸੋ ਸੁਖੁ ਸਾਧੂਸੰਗਿ ਪਰੀਤਿ॥		So Sukh Saadhhoo Sang Pareeth ||	That peace comes by the love of the Company of the Holy.	ਉਹ ਸੁਖ ਸੰਤਾਂ ਦੀ ਸੰਗਤਿ ਵਿਚ ਪਿਆਰ ਕੀਤਿਆਂ (ਮਿਲਦਾ ਹੈ)।
13131	288	ਜਿਸੁ ਸੋਭਾ ਕਉ ਕਰਹਿ ਭਲੀ ਕਰਨੀ॥		Jis Sobhaa Ko Karehi Bhalee Karanee ||	The glory, for which you perform good deeds	ਜਿਸ ਸੋਭਾ ਦੀ ਖ਼ਾਤਰ ਤੂੰ ਨੇਕ ਕਮਾਈ ਕਰਦਾ ਹੈਂ,
13132	288	ਸਾ ਸੋਭਾ ਭਜੁ ਹਰਿ ਕੀ ਸਰਨੀ॥		Saa Sobhaa Bhaj Har Kee Saranee ||	- you shall obtain that glory by seeking the Lord's Sanctuary.	ਉਹ ਸੋਭਾ (ਖੱਟਣ ਲਈ) ਤੂੰ ਅਕਾਲ ਪੁਰਖ ਦੀ ਸਰਣ ਪਉ।

13133	288	ਅਨਿਕ ਉਪਾਵੀ ਰੋਗੁ ਨ ਜਾਇ॥		Anik Oupaavee Rog N Jaae ||	All sorts of remedies have not cured the disease	(ਜੇਹੜਾ ਹਉਮੈ ਦਾ) ਰੋਗ ਅਨੇਕਾਂ ਹੀਲਿਆਂ ਨਾਲ ਦੂਰ ਨਹੀਂ ਹੁੰਦਾ,
13134	288	ਰੋਗੁ ਮਿਟੈ ਹਰਿ ਅਵਖਧੁ ਲਾਇ॥		Rog Mittai Har Avakhadhh Laae ||	- the disease is cured only by giving the medicine of the Lord's Name.	ਉਹ ਰੋਗ ਪ੍ਰਭੂ ਦਾ ਨਾਮ-ਰੂਪੀ ਦਵਾਈ ਵਰਤਿਆਂ ਮਿਟ ਜਾਂਦਾ ਹੈ।
13135	288	ਸਰਬ ਨਿਧਾਨ ਮਹਿ ਹਰਿ ਨਾਮੁ ਨਿਧਾਨੁ॥		Sarab Nidhhaan Mehi Har Naam Nidhhaan ||	Of all treasures, the Lord's Name is the supreme treasure.	ਸਾਰੇ (ਦੁਨੀਆਵੀ) ਖ਼ਜ਼ਾਨਿਆਂ ਵਿਚ ਪ੍ਰਭੂ ਦਾ ਨਾਮ (ਵਧੀਆ) ਖ਼ਜ਼ਾਨਾ ਹੈ।
13136	288	ਜਪਿ ਨਾਨਕ ਦਰਗਹਿ ਪਰਵਾਨੁ॥੨॥		Jap Naanak Dharagehi Paravaan ||2||	Chant it, O Nanak, and be accepted in the Court of the Lord. ||2||	ਹੇ ਨਾਨਕ! (ਨਾਮ) ਜਪ, ਦਰਗਾਹ ਵਿਚ ਕਬੂਲ (ਹੋਵੇਂਗਾ) ॥੨॥
13137	288	ਮਨੁ ਪਰਬੋਧਹੁ ਹਰਿ ਕੈ ਨਾਇ॥		Man Parabodhhahu Har Kai Naae ||	Enlighten your mind with the Name of the Lord.	(ਹੇ ਭਾਈ! ਆਪਣੇ) ਮਨ ਨੂੰ ਪ੍ਰਭੂ ਦੇ ਨਾਮ ਨਾਲ ਜਗਾਉ,
13138	288	ਦਹ ਦਿਸਿ ਧਾਵਤ ਆਵੈ ਠਾਇ॥		Dheh Dhis Dhhaavath Aavai Thaae ||	Having wandered around in the ten directions, it comes to its place of rest.	(ਨਾਮ ਦੀ ਬਰਕਤਿ ਨਾਲ) ਦਸੀਂ ਪਾਸੀਂ ਦੌੜਦਾ (ਇਹ ਮਨ) ਟਿਕਾਣੇ ਆ ਜਾਂਦਾ ਹੈ।
13139	288	ਤਾ ਕਉ ਬਿਘਨੁ ਨ ਲਾਗੈ ਕੋਇ॥		Thaa Ko Bighan N Laagai Koe ||	No obstacle stands in the way of one	ਉਸ ਮਨੁੱਖ ਨੂੰ ਕੋਈ ਔਕੜ ਨਹੀਂ ਪੋਹਦੀ,
13140	288	ਜਾ ਕੈ ਰਿਦੈ ਬਸੈ ਹਰਿ ਸੋਇ॥		Jaa Kai Ridhai Basai Har Soe ||	Whose heart is filled with the Lord.	ਜਿਸ ਦੇ ਹਿਰਦੇ ਵਿਚ ਉਹ ਪ੍ਰਭੂ ਵੱਸਦਾ ਹੈ।

13141	288	ਕਲਿ ਤਾਤੀ ਠਾਂਢਾ ਹਰਿ ਨਾਉ॥		Kal Thaathee Thaandtaa Har Naao ||	The Dark Age of Kali Yuga is so hot; the Lord's Name is soothing and cool.	ਕਲਿਜੁਗ ਤੱਤੀ (ਅੱਗ) ਹੈ (ਭਾਵ, ਵਿਕਾਰ ਜੀਆਂ ਨੂੰ ਸਾੜ ਰਹੇ ਹਨ) ਪ੍ਰਭੂ ਦਾ ਨਾਮ ਠੰਢਾ ਹੈ,
13142	288	ਸਿਮਰਿ ਸਿਮਰਿ ਸਦਾ ਸੁਖ ਪਾਉ॥		Simar Simar Sadhaa Sukh Paao ||	Remember, remember it in meditation, and obtain everlasting peace.	ਉਸ ਨੂੰ ਸਦਾ ਸਿਮਰੋ ਤੇ ਸੁਖ ਪਾਉ।
13143	288	ਭਉ ਬਿਨਸੈ ਪੂਰਨ ਹੋਇ ਆਸ॥		Bho Binasai Pooran Hoe Aas ||	Your fear shall be dispelled, and your hopes shall be fulfilled.	(ਨਾਮ ਸਿਮਰਿਆਂ) ਡਰ ਉੱਡ ਜਾਂਦਾ ਹੈ, ਤੇ, ਆਸ ਪੁੱਗ ਜਾਂਦੀ ਹੈ (ਭਾਵ, ਨਾਹ ਹੀ ਮਨੁੱਖ ਆਸਾਂ ਬੰਨ੍ਹਦਾ ਫਿਰਦਾ ਹੈ ਤੇ ਨਾਹ ਹੀ ਉਹਨਾਂ ਆਸਾਂ ਦੇ ਟੁੱਟਣ ਦਾ ਕੋਈ ਡਰ ਹੁੰਦਾ ਹੈ)
13144	288	ਭਗਤਿ ਭਾਇ ਆਤਮ ਪਰਗਾਸ॥		Bhagath Bhaae Aatham Paragaas ||	By devotional worship and loving adoration, your soul shall be enlightened.	(ਕਿਉਂਕਿ) ਪ੍ਰਭੂ ਦੀ ਭਗਤੀ ਨਾਲ ਪਿਆਰ ਕੀਤਿਆਂ ਆਤਮਾ ਚਮਕ ਪੈਂਦਾ ਹੈ।
13145	288	ਤਿਤੁ ਘਰਿ ਜਾਇ ਬਸੈ ਅਬਿਨਾਸੀ॥		Thith Ghar Jaae Basai Abinaasee ||	You shall go to that home, and live forever.	(ਜੋ ਸਿਮਰਦਾ ਹੈ) ਉਸ ਦੇ (ਹਿਰਦੇ) ਘਰ ਵਿਚ ਅਬਿਨਾਸੀ ਪ੍ਰਭੂ ਆ ਵੱਸਦਾ ਹੈ।
13146	288	ਕਹੁ ਨਾਨਕ ਕਾਟੀ ਜਮ ਫਾਸੀ॥੩॥		Kahu Naanak Kaattee Jam Faasee ||3||	Says Nanak, the noose of death is cut away. ||3||	ਨਾਨਕ ਆਖਦਾ ਹੈ (ਕਿ ਨਾਮ ਜਪਿਆਂ) ਜਮਾਂ ਦੀ ਫਾਹੀ ਕੱਟੀ ਜਾਂਦੀ ਹੈ ॥੩॥

13147	288	ਤਤੁ ਬੀਚਾਰੁ ਕਹੈ ਜਨੁ ਸਾਚਾ॥		Thath Beechaar Kehai Jan Saachaa ||	One who contemplates the essence of reality, is said to be the true person.	ਜੋ ਮਨੁੱਖ ਪਾਰਬ੍ਰਹਮ ਦੀ ਸਿਫ਼ਤਿ-ਰੂਪ ਸੋਚ ਸੋਚਦਾ ਹੈ ਉਹ ਸਚ-ਮੁਚ ਮਨੁੱਖ ਹੈ,
13148	288	ਜਨਮਿ ਮਰੈ ਸੋ ਕਾਚੋ ਕਾਚਾ॥	ਕੱਾਚੋ। ਕੱਾਚਾ	Janam Marai So Kaacho Kaachaa ||	Birth and death are the lot of the false and the insincere.	ਪਰ ਜੋ ਜੰਮ ਕੇ (ਨਿਰਾ) ਮਰ ਜਾਂਦਾ ਹੈ (ਤੇ ਬੰਦਗੀ ਨਹੀਂ ਕਰਦਾ) ਉਹ ਨਿਰੋਲ ਕੱਚਾ ਹੈ।
13149	288	ਆਵਾ ਗਵਨੁ ਮਿਟੈ ਪ੍ਰਭ ਸੇਵ॥		Aavaa Gavan Mittai Prabh Saev ||	Coming and going in reincarnation is ended by serving God.	ਪ੍ਰਭੂ ਦਾ ਸਿਮਰਨ ਕੀਤਿਆਂ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ;
13150	288	ਆਪੁ ਤਿਆਗਿ ਸਰਨਿ ਗੁਰਦੇਵ॥		Aap Thiaag Saran Guradhaev ||	Give up your selfishness and conceit, and seek the Sanctuary of the Divine Guru.	ਆਪਾ-ਭਾਵ ਛੱਡ ਕੇ, ਸਤਿਗੁਰੂ ਦੀ ਸਰਨੀ ਪੈ ਕੇ (ਜਨਮ ਮਰਨ ਦਾ ਗੇੜ ਮੁੱਕਦਾ ਹੈ)
13151	288	ਇਉ ਰਤਨ ਜਨਮ ਕਾ ਹੋਇ ਉਧਾਰੁ॥		Eio Rathan Janam Kaa Hoe Oudhhaar ||	Thus the jewel of this human life is saved.	ਇਸ ਤਰ੍ਹਾਂ ਕੀਮਤੀ ਮਨੁੱਖਾ ਜਨਮ ਸਫਲਾ ਹੋ ਜਾਂਦਾ ਹੈ।
13152	288	ਹਰਿ ਹਰਿ ਸਿਮਰਿ ਪ੍ਰਾਨ ਆਧਾਰੁ॥		Har Har Simar Praan Aadhhaar ||	Remember the Lord, Har, Har, the Support of the breath of life.	(ਤਾਂ ਤੇ, ਹੇ ਭਾਈ!) ਪ੍ਰਭੂ ਨੂੰ ਸਿਮਰ, (ਇਹੀ) ਪ੍ਰਾਣਾਂ ਦਾ ਆਸਰਾ ਹੈ।
13153	288	ਅਨਿਕ ਉਪਾਵ ਨ ਛੂਟਨਹਾਰੇ॥		Anik Oupaav N Shhoottanehaarae ||	By all sorts of efforts, people are not saved	ਅਨੇਕਾਂ ਹੀਲੇ ਕੀਤਿਆਂ (ਆਵਾਗਵਨ ਤੋਂ) ਬਚ ਨਹੀਂ ਸਕੀਦਾ;

13154	288	ਸਿੰਮ੍ਰਿਤਿ ਸਾਸਤ ਬੇਦ ਬੀਚਾਰੇ॥	ਸਿੰਮ੍ਰਿਤਿ	Sinmrith Saasath Baedh Beechaarae ||	Not by studying the Simritees, the Shaastras or the Vedas.	ਸਿੰਮ੍ਰਿਤੀਆਂ ਸ਼ਾਸਤ੍ਰ ਵੇਦ (ਆਦਿਕ) ਵਿਚਾਰਿਆਂ (ਆਵਾ ਗਵਨ ਤੋਂ ਛੁਟਕਾਰਾ ਨਹੀਂ ਹੁੰਦਾ।)
13155	288	ਹਰਿ ਕੀ ਭਗਤਿ ਕਰਹੁ ਮਨੁ ਲਾਇ॥		Har Kee Bhagath Karahu Man Laae ||	Worship the Lord with whole-hearted devotion.	ਮਨ ਲਾ ਕੇ ਕੇਵਲ ਪ੍ਰਭੂ ਦੀ ਹੀ ਭਗਤੀ ਕਰੋ।
13156	288	ਮਨਿ ਬੰਛਤ ਨਾਨਕ ਫਲ ਪਾਇ॥੪॥		Man Banshhath Naanak Fal Paae ||4||	O Nanak, you shall obtain the fruits of your mind's desire. ||4||	(ਜੋ ਭਗਤੀ ਕਰਦਾ ਹੈ) ਹੇ ਨਾਨਕ! ਉਸ ਨੂੰ ਮਨ-ਇੱਛਤ ਫਲ ਮਿਲ ਜਾਂਦੇ ਹਨ ॥੪॥
13157	288	ਸੰਗਿ ਨ ਚਾਲਸਿ ਤੇਰੈ ਧਨਾ॥		Sang N Chaalas Thaerai Dhhanaa ||	Your wealth shall not go with you;	ਹੇ ਮੂਰਖ ਮਨ! ਧਨ ਤੇਰੇ ਨਾਲ ਨਹੀਂ ਜਾ ਸਕਦਾ,
13158	288	ਤੂੰ ਕਿਆ ਲਪਟਾਵਹਿ ਮੂਰਖ ਮਨਾ॥		Thoon Kiaa Lapattaavehi Moorakh Manaa ||	Why do you cling to it, you fool?	ਤੂੰ ਕਿਉਂ ਇਸ ਨੂੰ ਜੱਫਾ ਮਾਰੀ ਬੈਠਾ ਹੈਂ?
13159	288	ਸੁਤ ਮੀਤ ਕੁਟੰਬ ਅਰੁ ਬਨਿਤਾ॥		Suth Meeth Kuttanb Ar Banithaa ||	Children, friends, family and spouse	ਪੁਤ੍ਰ, ਮਿੱਤ੍ਰ, ਪਰਵਾਰ ਤੇ ਇਸਤ੍ਰੀ;
13160	288	ਇਨ ਤੇ ਕਹਹੁ ਤੁਮ ਕਵਨ ਸਨਾਥਾ॥	ਸਨਾੱਥਾ	Ein Thae Kehahu Thum Kavan Sanaathhaa ||	Who of these shall accompany you?	ਇਹਨਾਂ ਵਿਚੋਂ, ਦੱਸ, ਕੌਣ ਤੇਰਾ ਸਾਥ ਦੇਣ ਵਾਲਾ ਹੈ?

13161	288	ਰਾਜ ਰੰਗ ਮਾਇਆ ਬਿਸਥਾਰ॥		Raaj Rang Maaeiaa Bisathhaar ||	Power, pleasure, and the vast expanse of Maya	ਮਾਇਆ ਦੇ ਅਡੰਬਰ, ਰਾਜ ਤੇ ਰੰਗ-ਰਲੀਆਂ-
13162	288	ਇਨ ਤੇ ਕਹਹੁ ਕਵਨ ਛੁਟਕਾਰ॥		Ein Thae Kehahu Kavan Shhuttakaar ||	Who has ever escaped from these?	ਦੱਸੋ, ਇਹਨਾਂ ਵਿਚੋਂ ਕਿਸ ਦੇ ਨਾਲ (ਮੋਹ ਪਾਇਆਂ) ਸਦਾ ਲਈ (ਮਾਇਆ ਤੋਂ) ਖ਼ਲਾਸੀ ਮਿਲ ਸਕਦੀ ਹੈ?
13163	288	ਅਸੁ ਹਸਤੀ ਰਥ ਅਸਵਾਰੀ॥		As Hasathee Rathh Asavaaree ||	Horses, elephants, chariots and pageantry	ਘੋੜੇ, ਹਾਥੀ, ਰਥਾਂ ਦੀ ਸਵਾਰੀ ਕਰਨੀ-
13164	288	ਝੂਠਾ ਡੰਫੁ ਝੂਠੁ ਪਾਸਾਰੀ॥		Jhoothaa Ddanf Jhooth Paasaaree ||	- false shows and false displays.	ਇਹ ਸਭ ਝੂਠਾ ਦਿਖਾਵਾ ਹੈ, ਇਹ ਅਡੰਬਰ ਰਚਾਉਣ ਵਾਲਾ ਭੀ ਬਿਨਸਨਹਾਰ ਹੈ।
13165	288	ਜਿਨਿ ਦੀਏ ਤਿਸੁ ਬੁਝੈ ਨ ਬਿਗਾਨਾ॥	ਬੁੱਝੈ	Jin Dheeeae This Bujhai N Bigaanaa ||	The fool does not acknowledge the One who gave this;	ਮੂਰਖ ਮਨੁੱਖ ਉਸ ਪ੍ਰਭੂ ਨੂੰ ਨਹੀਂ ਪਛਾਣਦਾ ਜਿਸ ਨੇ ਇਹ ਸਾਰੇ ਪਦਾਰਥ ਦਿੱਤੇ ਹਨ, ਤੇ,
13166	288	ਨਾਮੁ ਬਿਸਾਰਿ ਨਾਨਕ ਪਛੁਤਾਨਾ॥੫॥		Naam Bisaar Naanak Pashhuthaanaa ||5||	Forgetting the Naam, O Nanak, he will repent in the end. ||5||	ਨਾਮ ਨੂੰ ਭੁਲਾ ਕੇ, ਹੇ ਨਾਨਕ! (ਆਖ਼ਰ) ਪਛੁਤਾਉਂਦਾ ਹੈ ॥੫॥
13167	288	ਗੁਰ ਕੀ ਮਤਿ ਤੂੰ ਲੇਹਿ ਇਆਨੇ॥		Gur Kee Math Thoon Laehi Eiaanae ||	Take the Guru's advice, you ignorant fool;	ਹੇ ਅੰਞਾਣ! ਸਤਿਗੁਰੂ ਦੀ ਮਤਿ ਲੈ (ਭਾਵ, ਸਿੱਖਿਆ ਤੇ ਤੁਰ)
13168	288	ਭਗਤਿ ਬਿਨਾ ਬਹੁ ਡੂਬੇ ਸਿਆਨੇ॥	ਡੁੱਬੇ	Bhagath Binaa Bahu Ddoobae Siaanae ||	Without devotion, even the clever have drowned.	ਬੜੇ ਸਿਆਣੇ ਸਿਆਣੇ ਬੰਦੇ ਭੀ ਭਗਤੀ ਤੋਂ ਬਿਨਾ (ਵਿਕਾਰਾਂ ਵਿਚ ਹੀ) ਡੁੱਬ ਜਾਂਦੇ ਹਨ।

13169	288	ਹਰਿ ਕੀ ਭਗਤਿ ਕਰਹੁ ਮਨ ਮੀਤ॥		Har Kee Bhagath Karahu Man Meeth ||	Worship the Lord with heart-felt devotion, my friend;	ਹੇ ਮਿਤ੍ਰ ਮਨ! ਪ੍ਰਭੂ ਦੀ ਭਗਤੀ ਕਰ,
13170	288	ਨਿਰਮਲ ਹੋਇ ਤੁਮ੍ਹਾਰੋ ਚੀਤ॥		Niramal Hoe Thumhaaro Cheeth ||	Your consciousness shall become pure.	ਇਸ ਤਰ੍ਹਾਂ ਤੇਰੀ ਸੁਰਤ ਪਵਿਤ੍ਰ ਹੋਵੇਗੀ।
13171	288	ਚਰਨਕਮਲ ਰਾਖਹੁ ਮਨ ਮਾਹਿ॥		Charan Kamal Raakhahu Man Maahi ||	Enshrine the Lord's Lotus Feet in your mind;	(ਹੇ ਭਾਈ!) ਪ੍ਰਭੂ ਦੇ ਕਮਲ (ਵਰਗੇ ਸੋਹਣੇ) ਚਰਨ ਆਪਣੇ ਮਨ ਵਿਚ ਪ੍ਰੋ ਰੱਖ,
13172	289	ਜਨਮ ਜਨਮ ਕੇ ਕਿਲਬਿਖ ਜਾਹਿ॥		Janam Janam Kae Kilabikh Jaahi ||	The sins of countless lifetimes shall depart.	ਇਸ ਤਰ੍ਹਾਂ ਕਈ ਜਨਮਾਂ ਦੇ ਪਾਪ ਨਾਸ ਹੋ ਜਾਣਗੇ।
13173	289	ਆਪਿ ਜਪਹੁ ਅਵਰਾ ਨਾਮੁ ਜਪਾਵਹੁ॥		Aap Japahu Avaraa Naam Japaavahu ||	Chant the Naam yourself, and inspire others to chant it as well.	(ਪ੍ਰਭੂ ਦਾ ਨਾਮ) ਤੂੰ ਆਪ ਜਪ, ਤੇ, ਹੋਰਨਾਂ ਨੂੰ ਜਪਣ ਲਈ ਪ੍ਰੇਰ,
13174	289	ਸੁਨਤ ਕਹਤ ਰਹਤ ਗਤਿ ਪਾਵਹੁ॥		Sunath Kehath Rehath Gath Paavahu ||	Hearing, speaking and living it, emancipation is obtained.	(ਨਾਮ) ਸੁਣਦਿਆਂ, ਉੱਚਾਰਦਿਆਂ ਤੇ ਨਿਰਮਲ ਰਹਿਣੀ ਰਹਿੰਦਿਆਂ ਉੱਚੀ ਅਵਸਥਾ ਬਣ ਜਾਏਗੀ।
13175	289	ਸਾਰ ਭੂਤ ਸਤਿ ਹਰਿ ਕੋ ਨਾਉ॥		Saar Bhooth Sath Har Ko Naao ||	The essential reality is the True Name of the Lord.	ਪ੍ਰਭੂ ਦਾ ਨਾਮ ਹੀ ਸਭ ਪਦਾਰਥਾਂ ਤੋਂ ਉੱਤਮ ਪਦਾਰਥ ਹੈ;

13176	289	ਸਹਜਿ ਸੁਭਾਇ ਨਾਨਕ ਗੁਨ ਗਾਉ॥੬॥		Sehaj Subhaae Naanak Gun Gaao ||6||	With intuitive ease, O Nanak, sing His Glorious Praises. ||6||	(ਤਾਂ ਤੇ) ਹੇ ਨਾਨਕ! ਆਤਮਕ ਅਡੋਲਤਾ ਵਿਚ ਟਿਕ ਕੇ ਪ੍ਰੇਮ ਨਾਲ ਪ੍ਰਭੂ ਦੇ ਗੁਣ ਗਾ ॥੬॥
13177	289	ਗੁਨ ਗਾਵਤ ਤੇਰੀ ਉਤਰਸਿ ਮੈਲੁ॥		Gun Gaavath Thaeree Outharas Mail ||	Chanting His Glories, your filth shall be washed off.	(ਹੇ ਭਾਈ!) ਪ੍ਰਭੂ ਦੇ ਗੁਣ ਗਾਉਂਦਿਆਂ ਤੇਰੀ (ਵਿਕਾਰਾਂ ਦੀ) ਮੈਲ ਉਤਰ ਜਾਏਗੀ,
13178	289	ਬਿਨਸਿ ਜਾਇ ਹਉਮੈ ਬਿਖੁ ਫੈਲੁ॥		Binas Jaae Houmai Bikh Fail ||	The all-consuming poison of ego will be gone.	ਤੇ ਹਉਮੈ ਰੂਪੀ ਵਿਹੁ ਦਾ ਖਿਲਾਰਾ ਭੀ ਮਿਟ ਜਾਏਗਾ।
13179	289	ਹੋਹਿ ਅਚਿੰਤੁ ਬਸੈ ਸੁਖ ਨਾਲਿ॥		Hohi Achinth Basai Sukh Naal ||	You shall become carefree, and you shall dwell in peace.	ਤੂੰ ਬੇਫ਼ਿਕਰ ਹੋ ਜਾਹਿਂਗਾ ਤੇ ਤੇਰਾ ਜੀਵਨ ਸੁਖ ਨਾਲ ਬਿਤੀਤ ਹੋਵੇਗਾ-
13180	289	ਸਾਸਿ ਗ੍ਰਾਸਿ ਹਰਿ ਨਾਮੁ ਸਮਾਲਿ॥		Saas Graas Har Naam Samaal ||	With every breath and every morsel of food, cherish the Lord's Name.	ਦਮ-ਬ-ਦਮ ਪ੍ਰਭੂ ਦੇ ਨਾਮ ਨੂੰ ਯਾਦ ਕਰ।
13181	289	ਛਾਡਿ ਸਿਆਨਪ ਸਗਲੀ ਮਨਾ॥		Shhaadd Siaanap Sagalee Manaa ||	Renounce all clever tricks, O mind.	ਹੇ ਮਨ! ਸਾਰੀ ਚਤੁਰਾਈ ਛੱਡ ਦੇਹ,
13182	289	ਸਾਧਸੰਗਿ ਪਾਵਹਿ ਸਚੁ ਧਨਾ॥		Saadhhasang Paavehi Sach Dhhanaa ||	In the Company of the Holy, you shall obtain the true wealth.	ਸਦਾ ਨਾਲ ਨਿਭਣ ਵਾਲਾ ਧਨ ਸਤਸੰਗ ਵਿਚ ਮਿਲੇਗਾ।
13183	289	ਹਰਿ ਪੂੰਜੀ ਸੰਚਿ ਕਰਹੁ ਬਿਉਹਾਰੁ॥		Har Poonjee Sanch Karahu Biouhaar ||	So gather the Lord's Name as your capital, and trade in it.	ਪ੍ਰਭੂ ਦੇ ਨਾਮ ਦੀ ਰਾਸ ਇਕੱਠੀ ਕਰ, ਇਹੀ ਵਿਹਾਰ ਕਰ।

13184	289	ਈਹਾ ਸੁਖੁ ਦਰਗਹ ਜੈਕਾਰੁ॥		Eehaa Sukh Dharageh Jaikaar ||	In this world you shall be at peace, and in the Court of the Lord, you shall be acclaimed.	ਇਸ ਜੀਵਨ ਵਿਚ ਸੁਖ ਮਿਲੇਗਾ, ਤੇ, ਪ੍ਰਭੂ ਦੀ ਦਰਗਾਹ ਵਿਚ ਆਦਰ ਹੋਵੇਗਾ।
13185	289	ਸਰਬ ਨਿਰੰਤਰਿ ਏਕੋ ਦੇਖੁ॥		Sarab Niranthar Eaeko Dhaekh ||	See the One permeating all;	ਸਭ ਜੀਵਾਂ ਦੇ ਅੰਦਰ ਇਕ ਅਕਾਲ ਪੁਰਖ ਨੂੰ ਹੀ ਵੇਖ।
13186	289	ਕਹੁ ਨਾਨਕ ਜਾ ਕੈ ਮਸਤਕਿ ਲੇਖੁ॥੭॥		Kahu Naanak Jaa Kai Masathak Laekh ||7||	Says Nanak, your destiny is pre-ordained. ||7||	(ਪਰ) ਨਾਨਕ ਆਖਦਾ ਹੈ- (ਇਹ ਕੰਮ ਓਹੀ ਮਨੁੱਖ ਕਰਦਾ ਹੈ) ਜਿਸ ਦੇ ਮੱਥੇ ਤੇ ਭਾਗ ਹਨ ॥੭॥
13187	289	ਏਕੋ ਜਪਿ ਏਕੋ ਸਾਲਾਹਿ॥		Eaeko Jap Eaeko Saalaahi ||	Meditate on the One, and worship the One.	ਇਕ ਪ੍ਰਭੂ ਨੂੰ ਹੀ ਜਪ, ਤੇ ਇਕ ਪ੍ਰਭੂ ਦੀ ਹੀ ਸਿਫ਼ਤਿ ਕਰ,
13188	289	ਏਕੁ ਸਿਮਰਿ ਏਕੋ ਮਨ ਆਹਿ॥		Eaek Simar Eaeko Man Aahi ||	Remember the One, and yearn for the One in your mind.	ਇਕ ਨੂੰ ਸਿਮਰ, ਤੇ, ਹੇ ਮਨ! ਇਕ ਪ੍ਰਭੂ ਦੇ ਮਿਲਣ ਦੀ ਤਾਂਘ ਰੱਖ।
13189	289	ਏਕਸ ਕੇ ਗੁਨ ਗਾਉ ਅਨੰਤ॥		Eaekas Kae Gun Gaao Ananth ||	Sing the endless Glorious Praises of the One.	ਇਕ ਪ੍ਰਭੂ ਦੇ ਹੀ ਗੁਣ ਗਾ,
13190	289	ਮਨਿ ਤਨਿ ਜਾਪਿ ਏਕ ਭਗਵੰਤ॥		Man Than Jaap Eaek Bhagavanth ||	With mind and body, meditate on the One Lord God.	ਮਨ ਵਿਚ ਤੇ ਸਰੀਰਕ ਇੰਦ੍ਰਿਆਂ ਦੀ ਰਾਹੀਂ ਇਕ ਭਗਵਾਨ ਨੂੰ ਹੀ ਜਪ।
13191	289	ਏਕੋ ਏਕੁ ਏਕੁ ਹਰਿ ਆਪਿ॥		Eaeko Eaek Eaek Har Aap ||	The One Lord Himself is the One and Only.	(ਸਭ ਥਾਈਂ) ਪ੍ਰਭੂ ਆਪ ਹੀ ਆਪ ਹੈ,

13192	289	ਪੂਰਨ ਪੂਰਿ ਰਹਿਓ ਪ੍ਰਭੁ ਬਿਆਪਿ॥		Pooran Poor Rehiou Prabh Biaap ||	The Pervading Lord God is totally permeating all.	ਸਭ ਜੀਵਾਂ ਵਿਚ ਪ੍ਰਭੂ ਹੀ ਵੱਸ ਰਿਹਾ ਹੈ।
13193	289	ਅਨਿਕ ਬਿਸਥਾਰ ਏਕ ਤੇ ਭਏ॥		Anik Bisathhaar Eaek Thae Bheae ||	The many expanses of the creation have all come from the One.	(ਜਗਤ ਦੇ) ਅਨੇਕਾਂ ਖਿਲਾਰੇ ਇਕ ਪ੍ਰਭੂ ਤੋਂ ਹੀ ਹੋਏ ਹਨ,
13194	289	ਏਕੁ ਅਰਾਧਿ ਪਰਾਛਤ ਗਏ॥		Eaek Araadhh Paraashhath Geae ||	Adoring the One, past sins are removed.	ਇਕ ਪ੍ਰਭੂ ਨੂੰ ਸਿਮਰਿਆਂ ਪਾਪ ਨਾਸ ਹੋ ਜਾਂਦੇ ਹਨ।
13195	289	ਮਨ ਤਨ ਅੰਤਰਿ ਏਕੁ ਪ੍ਰਭੁ ਰਾਤਾ॥	ਰੱਾਤਾ	Man Than Anthar Eaek Prabh Raathaa ||	Mind and body within are imbued with the One God.	ਜਿਸ ਮਨੁੱਖ ਦੇ ਮਨ ਤੇ ਸਰੀਰ ਵਿਚ ਇਕ ਪ੍ਰਭੂ ਹੀ ਪਰੋਤਾ ਗਿਆ ਹੈ,
13196	289	ਗੁਰ ਪ੍ਰਸਾਦਿ ਨਾਨਕ ਇਕੁ ਜਾਤਾ॥੮॥੧੯॥	ਜੱਾਤਾ	Gur Prasaadh Naanak Eik Jaathaa ||8||19||	By Guru's Grace, O Nanak, the One is known. ||8||19||	ਹੇ ਨਾਨਕ! ਉਸ ਨੇ ਗੁਰੂ ਦੀ ਕਿਰਪਾ ਨਾਲ ਉਸ ਇਕ ਪ੍ਰਭੂ ਨੂੰ ਪਛਾਣ ਲਿਆ ਹੈ ॥੮॥੧੯॥
13197	289	ਸਲੋਕੁ॥		Salok ||	Shalok:	
13198	289	ਫਿਰਤ ਫਿਰਤ ਪ੍ਰਭ ਆਇਆ ਪਰਿਆ ਤਉ ਸਰਨਾਇ॥		Firath Firath Prabh Aaeiaa Pariaa Tho Saranaae ||	After wandering and wandering, O God, I have come, and entered Your Sanctuary.	ਹੇ ਪ੍ਰਭੂ! ਭਟਕਦਾ ਭਟਕਦਾ ਮੈਂ ਤੇਰੀ ਸਰਣ ਆ ਪਿਆ ਹਾਂ।

13199	289	ਨਾਨਕ ਕੀ ਪ੍ਰਭ ਬੇਨਤੀ ਅਪਨੀ ਭਗਤੀ ਲਾਇ॥੧॥		Naanak Kee Prabh Baenathee Apanee Bhagathee Laae ||1||	This is Nanak's prayer, O God: please, attach me to Your devotional service. ||1||	ਹੇ ਪ੍ਰਭੂ! ਨਾਨਕ ਦੀ ਇਹੀ ਬੇਨਤੀ ਹੈ ਕਿ ਮੈਨੂੰ ਆਪਣੀ ਭਗਤੀ ਵਿਚ ਜੋੜ ॥੧॥
13200	289	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	
13201	289	ਜਾਚਕ ਜਨੁ ਜਾਚੈ ਪ੍ਰਭ ਦਾਨੁ॥		Jaachak Jan Jaachai Prabh Dhaan ||	I am a beggar; I beg for this gift from You:	ਹੇ ਪ੍ਰਭੂ! (ਇਹ) ਮੰਗਤਾ ਦਾਸ (ਤੇਰੇ ਨਾਮ ਦਾ) ਦਾਨ ਮੰਗਦਾ ਹੈ;
13202	289	ਕਰਿ ਕਿਰਪਾ ਦੇਵਹੁ ਹਰਿ ਨਾਮੁ॥		Kar Kirapaa Dhaevahu Har Naam ||	Please, by Your Mercy, Lord, give me Your Name.	ਹੇ ਹਰੀ! ਕਿਰਪਾ ਕਰ ਕੇ (ਆਪਣਾ) ਨਾਮ ਦਿਹੁ।
13203	289	ਸਾਧ ਜਨਾ ਕੀ ਮਾਗਉ ਧੂਰਿ॥	ਮਾਂਗਉ	Saadhh Janaa Kee Maago Dhhoor ||	I ask for the dust of the feet of the Holy.	ਮੈਂ ਸਾਧੂ ਜਨਾਂ ਦੇ ਪੈਰਾਂ ਦੀ ਖ਼ਾਕ ਮੰਗਦਾ ਹਾਂ,
13204	289	ਪਾਰਬ੍ਰਹਮ ਮੇਰੀ ਸਰਧਾ ਪੂਰਿ॥		Paarabreham Maeree Saradhhaa Poor ||	O Supreme Lord God, please fulfill my yearning;	ਹੇ ਪਾਰਬ੍ਰਹਮ! ਮੇਰੀ ਇੱਛਾ ਪੂਰੀ ਕਰ।
13205	289	ਸਦਾ ਸਦਾ ਪ੍ਰਭ ਕੇ ਗੁਨ ਗਾਵਉ॥		Sadhaa Sadhaa Prabh Kae Gun Gaavo ||	May I sing the Glorious Praises of God forever and ever.	ਮੈਂ ਸਦਾ ਹੀ ਪ੍ਰਭੂ ਦੇ ਗੁਣ ਗਾਵਾਂ।
13206	289	ਸਾਸਿ ਸਾਸਿ ਪ੍ਰਭ ਤੁਮਹਿ ਧਿਆਵਉ॥		Saas Saas Prabh Thumehi Dhhiaavo ||	With each and every breath, may I meditate on You, O God.	ਹੇ ਪ੍ਰਭੂ! ਮੈਂ ਦਮ-ਬ-ਦਮ ਤੈਨੂੰ ਹੀ ਸਿਮਰਾਂ।

13207	289	ਚਰਨਕਮਲ ਸਿਉ ਲਾਗੈ ਪ੍ਰੀਤਿ॥		Charan Kamal Sio Laagai Preeth ||	May I enshrine affection for Your Lotus Feet.	ਪ੍ਰਭੂ ਦੇ ਕਮਲ (ਵਰਗੇ ਸੋਹਣੇ) ਚਰਨਾਂ ਨਾਲ ਮੇਰੀ ਪ੍ਰੀਤਿ ਲੱਗੀ ਰਹੇ,
13208	289	ਭਗਤਿ ਕਰਉ ਪ੍ਰਭ ਕੀ ਨਿਤ ਨੀਤਿ॥		Bhagath Karo Prabh Kee Nith Neeth ||	May I perform devotional worship to God each and every day.	ਤੇ ਸਦਾ ਹੀ ਪ੍ਰਭੂ ਦੀ ਭਗਤੀ ਕਰਦਾ ਰਹਾਂ।
13209	289	ਏਕ ਓਟ ਏਕੋ ਆਧਾਰੁ॥		Eaek Outt Eaeko Aadhhaar ||	You are my only Shelter, my only Support.	(ਪ੍ਰਭੂ ਦਾ ਨਾਮ ਹੀ) ਇਕੋ ਮੇਰੀ ਓਟ ਹੈ ਤੇ ਇਕੋ ਆਸਰਾ ਹੈ,
13210	289	ਨਾਨਕੁ ਮਾਗੈ ਨਾਮੁ ਪ੍ਰਭ ਸਾਰੁ॥੧॥	ਮਾਂਗੈ	Naanak Maagai Naam Prabh Saar ||1||	Nanak asks for the most sublime, the Naam, the Name of God. ||1||	ਨਾਨਕ ਪ੍ਰਭੂ ਦਾ ਸ੍ਰੇਸ਼ਟ ਨਾਮ ਮੰਗਦਾ ਹੈ ॥੧॥
13211	289	ਪ੍ਰਭ ਕੀ ਦ੍ਰਿਸਟਿ ਮਹਾ ਸੁਖੁ ਹੋਇ॥		Prabh Kee Dhrisatt Mehaa Sukh Hoe ||	By God's Gracious Glance, there is great peace.	ਪ੍ਰਭੂ ਦੀ (ਮੇਹਰ ਦੀ) ਨਜ਼ਰ ਨਾਲ ਬੜਾ ਸੁਖ ਹੁੰਦਾ ਹੈ,
13212	289	ਹਰਿ ਰਸੁ ਪਾਵੈ ਬਿਰਲਾ ਕੋਇ॥		Har Ras Paavai Biralaa Koe ||	Rare are those who obtain the juice of the Lord's essence.	(ਪਰ) ਕੋਈ ਵਿਰਲਾ ਮਨੁੱਖ ਪ੍ਰਭੂ ਦੇ ਨਾਮ ਦਾ ਸੁਆਦ ਚੱਖਦਾ ਹੈ।
13213	289	ਜਿਨ ਚਾਖਿਆ ਸੇ ਜਨ ਤ੍ਰਿਪਤਾਨੇ॥		Jin Chaakhiaa Sae Jan Thripathaanae ||	Those who taste it are satisfied.	ਜਿਨ੍ਹਾਂ ਨੇ (ਨਾਮ-ਰਸ) ਚੱਖਿਆ ਹੈ, ਉਹ ਮਨੁੱਖ (ਮਾਇਆ ਵਲੋਂ) ਰੱਜ ਗਏ ਹਨ,
13214	289	ਪੂਰਨ ਪੁਰਖ ਨਹੀ ਡੋਲਾਨੇ॥		Pooran Purakh Nehee Ddolaanae ||	They are fulfilled and realized beings - they do not waver.	ਉਹ ਪੂਰਨ ਮਨੁੱਖ ਬਣ ਗਏ ਹਨ, ਕਦੇ (ਮਾਇਆ ਦੇ ਲਾਹੇ ਘਾਟੇ ਵਿਚ) ਡੋਲਦੇ ਨਹੀਂ।

13215	289	ਸੁਭਰ ਭਰੇ ਪ੍ਰੇਮ ਰਸ ਰੰਗਿ॥	ਸੁੱਭਰ	Subhar Bharae Praem Ras Rang ||	They are totally filled to over-flowing with the sweet delight of His Love.	ਪ੍ਰਭੂ ਦੇ ਪਿਆਰ ਦੇ ਸੁਆਦ ਦੀ ਮੌਜ ਵਿਚ ਉਹ ਨਕਾ-ਨਕ ਭਰੇ ਰਹਿੰਦੇ ਹਨ,
13216	289	ਉਪਜੈ ਚਾਉ ਸਾਧ ਕੈ ਸੰਗਿ॥		Oupajai Chaao Saadhh Kai Sang ||	Spiritual delight wells up within, in the Saadh Sangat, the Company of the Holy.	ਸਾਧ ਜਨਾਂ ਦੀ ਸੰਗਤਿ ਵਿਚ ਰਹਿ ਕੇ (ਉਹਨਾਂ ਦੇ ਅੰਦਰ) (ਪ੍ਰਭੂ-ਮਿਲਾਪ ਦਾ) ਚਾਉ ਪੈਦਾ ਹੁੰਦਾ ਹੈ।
13217	289	ਪਰੇ ਸਰਨਿ ਆਨ ਸਭ ਤਿਆਗਿ॥		Parae Saran Aan Sabh Thiaag ||	Taking to His Sanctuary, they forsake all others.	ਹੋਰ ਸਾਰੇ (ਆਸਰੇ) ਛੱਡ ਕੇ ਉਹ ਪ੍ਰਭੂ ਦੀ ਸਰਨ ਪੈਂਦੇ ਹਨ,
13218	289	ਅੰਤਰਿ ਪ੍ਰਗਾਸ ਅਨ ਦਿਨੁ ਲਿਵ ਲਾਗਿ॥		Anthar Pragaas Anadhin Liv Laag ||	Deep within, they are enlightened, and they center themselves on Him, day and night.	ਉਹਨਾਂ ਦੇ ਅੰਦਰ ਚਾਨਣ ਹੋ ਜਾਂਦਾ ਹੈ, ਤੇ ਹਰ ਵੇਲੇ ਉਹਨਾਂ ਦੀ ਲਿਵ (ਪ੍ਰਭੂ-ਚਰਨਾਂ ਵਿਚ) ਲੱਗੀ ਰਹਿੰਦੀ ਹੈ।
13219	289	ਬਡਭਾਗੀ ਜਪਿਆ ਪ੍ਰਭੁ ਸੋਇ॥		Baddabhaagee Japiaa Prabh Soe ||	Most fortunate are those who meditate on God.	ਵੱਡੇ ਭਾਗਾਂ ਵਾਲੇ ਬੰਦਿਆਂ ਨੇ ਪ੍ਰਭੂ ਨੂੰ ਸਿਮਰਿਆ ਹੈ।
13220	289	ਨਾਨਕ ਨਾਮਿ ਰਤੇ ਸੁਖੁ ਹੋਇ॥੨॥	ਰੱਤੇ	Naanak Naam Rathae Sukh Hoe ||2||	O Nanak, attuned to the Naam, they are at peace. ||2||	ਹੇ ਨਾਨਕ! ਪ੍ਰਭੂ ਦੇ ਨਾਮ ਵਿਚ ਰੱਤਿਆਂ ਸੁਖ ਹੁੰਦਾ ਹੈ ॥੨॥
13221	289	ਸੇਵਕ ਕੀ ਮਨਸਾ ਪੂਰੀ ਭਈ॥		Saevak Kee Manasaa Pooree Bhee ||	The wishes of the Lord's servant are fulfilled.	(ਤਦੋਂ ਸੇਵਕ ਦੇ ਮਨ ਦੇ ਫੁਰਨੇ ਪੂਰਨ ਹੋ ਜਾਂਦੇ ਹਨ, ਭਾਵ, ਮਾਇਆ ਵਾਲੀ ਦੌੜ ਮੁੱਕ ਜਾਂਦੀ ਹੈ)

13222	289	ਸਤਿਗੁਰ ਤੇ ਨਿਰਮਲ ਮਤਿ ਲਈ॥		Sathigur Thae Niramal Math Lee ||	From the True Guru, the pure teachings are obtained.	(ਜਦੋਂ ਸੇਵਕ) ਆਪਣੇ ਗੁਰੂ ਤੋਂ ਉੱਤਮ ਸਿੱਖਿਆ ਲੈਂਦਾ ਹੈ।
13223	289	ਜਨ ਕਉ ਪ੍ਰਭੁ ਹੋਇਓ ਦਇਆਲੁ॥	ਦ-ਇਆਲੁ	Jan Ko Prabh Hoeiou Dhaeiaal ||	Unto His humble servant, God has shown His kindness.	ਪ੍ਰਭੂ ਆਪਣੇ (ਅਜੇਹੇ) ਸੇਵਕ ਉੱਤੇ ਮੇਹਰ ਕਰਦਾ ਹੈ,
13224	289	ਸੇਵਕੁ ਕੀਨੋ ਸਦਾ ਨਿਹਾਲੁ॥		Saevak Keeno Sadhaa Nihaal ||	He has made His servant eternally happy.	ਤੇ, ਸੇਵਕ ਨੂੰ ਸਦਾ ਖਿੜੇ-ਮੱਥੇ ਰੱਖਦਾ ਹੈ।
13225	289	ਬੰਧਨ ਕਾਟਿ ਮੁਕਤਿ ਜਨੁ ਭਇਆ॥	ਭ-ਇਆ	Bandhhan Kaatt Mukath Jan Bhaeiaa ||	The bonds of His humble servant are cut away, and he is liberated.	ਸੇਵਕ (ਮਾਇਆ ਵਾਲੇ) ਜ਼ੰਜੀਰ ਤੋੜ ਕੇ ਖਲਾਸਾ ਹੋ ਜਾਂਦਾ ਹੈ,
13226	289	ਜਨਮ ਮਰਨ ਦੂਖੁ ਭ੍ਰਮੁ ਗਇਆ॥		Janam Maran Dhookh Bhram Gaeiaa ||	The pains of birth and death, and doubt are gone.	ਉਸ ਦਾ ਜਨਮ ਮਰਨ (ਦੇ ਗੇੜ) ਦਾ ਦੁੱਖ ਤੇ ਸਹਸਾ ਮੁੱਕ ਜਾਂਦਾ ਹੈ।
13227	289	ਇਛ ਪੁਨੀ ਸਰਧਾ ਸਭ ਪੂਰੀ॥		Eishh Punee Saradhhaa Sabh Pooree ||	Desires are satisfied, and faith is fully rewarded,	ਸੇਵਕ ਦੀ ਇੱਛਾ ਤੇ ਸਰਧਾ ਸਭ ਸਿਰੇ ਚੜ੍ਹ ਜਾਂਦੀ ਹੈ,
13228	289	ਰਵਿ ਰਹਿਆ ਸਦ ਸੰਗਿ ਹਜੂਰੀ॥		Rav Rehiaa Sadh Sang Hajooree ||	Imbued forever with His all-pervading peace.	ਉਸ ਨੂੰ ਪ੍ਰਭੂ ਸਭ ਥਾਈਂ ਵਿਆਪਕ ਆਪਣੇ ਨਾਲ ਅੰਗ-ਸੰਗ ਦਿੱਸਦਾ ਹੈ।

13229	289	ਜਿਸ ਕਾ ਸਾ ਤਿਨਿ ਲੀਆ ਮਿਲਾਇ॥		Jis Kaa Saa Thin Leeaa Milaae ||	He is His - he merges in Union with Him.	ਜਿਸ ਮਾਲਕ ਦਾ ਉਹ ਸੇਵਕ ਬਣਦਾ ਹੈ, ਉਹ ਆਪਣੇ ਨਾਲ ਮਿਲਾ ਲੈਂਦਾ ਹੈ,
13230	289	ਨਾਨਕ ਭਗਤੀ ਨਾਮਿ ਸਮਾਇ॥੩॥		Naanak Bhagathee Naam Samaae ||3||	Nanak is absorbed in devotional worship of the Naam. ||3||	ਹੇ ਨਾਨਕ! ਸੇਵਕ ਭਗਤੀ ਕਰ ਕੇ ਨਾਮ ਵਿਚ ਟਿਕਿਆ ਰਹਿੰਦਾ ਹੈ ॥੩॥
13231	289	ਸੋ ਕਿਉ ਬਿਸਰੈ ਜਿ ਘਾਲ ਨ ਭਾਨੈ॥		So Kio Bisarai J Ghaal N Bhaanai ||	Why forget Him, who does not overlook our efforts?	(ਮਨੁੱਖ ਨੂੰ) ਉਹ ਪ੍ਰਭੂ ਕਿਉਂ ਵਿਸਰ ਜਾਏ ਜੋ (ਮਨੁੱਖ ਦੀ ਕੀਤੀ) ਮੇਹਨਤ ਨੂੰ ਅਜਾਈਂ ਨਹੀਂ ਜਾਣ ਦੇਂਦਾ,
13232	289	ਸੋ ਕਿਉ ਬਿਸਰੈ ਜਿ ਕੀਆ ਜਾਨੈ॥		So Kio Bisarai J Keeaa Jaanai ||	Why forget Him, who acknowledges what we do?	ਜੋ ਕੀਤੀ ਕਮਾਈ ਨੂੰ ਚੇਤੇ ਰੱਖਦਾ ਹੈ?
13233	290	ਸੋ ਕਿਉ ਬਿਸਰੈ ਜਿਨਿ ਸਭੁ ਕਿਛੁ ਦੀਆ॥		So Kio Bisarai Jin Sabh Kishh Dheeaa ||	Why forget Him, who has given us everything?	ਉਹ ਪ੍ਰਭੂ ਕਿਉਂ ਭੁੱਲ ਜਾਏ ਜਿਸ ਨੇ ਸਭ ਕੁਝ ਦਿੱਤਾ ਹੈ,
13234	290	ਸੋ ਕਿਉ ਬਿਸਰੈ ਜਿ ਜੀਵਨ ਜੀਆ॥		So Kio Bisarai J Jeevan Jeeaa ||	Why forget Him, who is the Life of the living beings?	ਜੋ ਜੀਵਾਂ ਦੀ ਜ਼ਿੰਦਗੀ ਦਾ ਆਸਰਾ ਹੈ?

13235	290	ਸੋ ਕਿਉ ਬਿਸਰੈ ਜਿ ਅਗਨਿ ਮਹਿ ਰਾਖੈ॥		So Kio Bisarai J Agan Mehi Raakhai ||	Why forget Him, who preserves us in the fire of the womb?	ਉਹ ਅਕਾਲ ਪੁਰਖ ਕਿਉਂ ਵਿਸਰ ਜਾਏ ਜੋ (ਮਾਂ ਦੇ ਪੇਟ ਦੀ) ਅੱਗ ਵਿਚ ਬਚਾ ਕੇ ਰੱਖਦਾ ਹੈ?
13236	290	ਗੁਰ ਪ੍ਰਸਾਦਿ ਕੋ ਬਿਰਲਾ ਲਾਖੈ॥		Gur Prasaadh Ko Biralaa Laakhai ||	By Guru's Grace, rare is the one who realizes this.	(ਪਰ) ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਨਾਲ (ਇਹ ਗੱਲ) ਸਮਝਦਾ ਹੈ।
13237	290	ਸੋ ਕਿਉ ਬਿਸਰੈ ਜਿ ਬਿਖੁ ਤੇ ਕਾਢੈ॥		So Kio Bisarai J Bikh Thae Kaadtai ||	Why forget Him, who lifts us up out of corruption?	ਉਹ ਅਕਾਲ ਪੁਰਖ ਕਿਉਂ ਭੁੱਲ ਜਾਏ ਜੋ (ਮਾਇਆ-ਰੂਪ) ਜ਼ਹਰ ਤੋਂ ਬਚਾਉਂਦਾ ਹੈ,
13238	290	ਜਨਮ ਜਨਮ ਕਾ ਟੂਟਾ ਗਾਢੈ॥		Janam Janam Kaa Ttoottaa Gaadtai ||	Those separated from Him for countless lifetimes, are re-united with Him once again.	ਅਤੇ ਕਈ ਜਨਮ ਦੇ ਵਿਛੁੜੇ ਹੋਏ ਜੀਵ ਨੂੰ (ਆਪਣੇ ਨਾਲ) ਜੋੜ ਲੈਂਦਾ ਹੈ?
13239	290	ਗੁਰਿ ਪੂਰੈ ਤਤੁ ਇਹੈ ਬੁਝਾਇਆ॥	ਤੱਤੁ। ਬੁੱਝਾਇਆ	Gur Poorai Thath Eihai Bujhaaeiaa ||	Through the Perfect Guru, this essential reality is understood.	(ਜਿਨ੍ਹਾਂ ਸੇਵਕਾਂ ਨੂੰ) ਪੂਰੇ ਗੁਰੂ ਨੇ ਇਹ ਗੱਲ ਸਮਝਾਈ ਹੈ,
13240	290	ਪ੍ਰਭੁ ਅਪਨਾ ਨਾਨਕ ਜਨ ਧਿਆਇਆ॥੪॥		Prabh Apanaa Naanak Jan Dhhiaaeiaa ||4||	O Nanak, God's humble servants meditate on Him. ||4||	ਹੇ ਨਾਨਕ! ਉਹਨਾਂ ਨੇ ਆਪਣੇ ਪ੍ਰਭੂ ਨੂੰ ਸਿਮਰਿਆ ਹੈ ॥੪॥
13241	290	ਸਾਜਨ ਸੰਤ ਕਰਹੁ ਇਹੁ ਕਾਮੁ॥		Saajan Santh Karahu Eihu Kaam ||	O friends, O Saints, make this your work.	ਹੇ ਸੱਜਣ ਜਨੋ! ਹੇ ਸੰਤ ਜਨੋ! ਇਹ ਕੰਮ ਕਰੋ,

13242	290	ਆਨ ਤਿਆਗਿ ਜਪਹੁ ਹਰਿ ਨਾਮੁ॥		Aan Thiaag Japahu Har Naam ||	Renounce everything else, and chant the Name of the Lord.	ਹੋਰ ਸਾਰੇ (ਆਹਰ) ਛੱਡ ਕੇ ਪ੍ਰਭੂ ਦਾ ਨਾਮ ਜਪਹੁ।
13243	290	ਸਿਮਰਿ ਸਿਮਰਿ ਸਿਮਰਿ ਸੁਖ ਪਾਵਹੁ॥		Simar Simar Simar Sukh Paavahu ||	Meditate, meditate, meditate in remembrance of Him, and find peace.	ਸਦਾ ਸਿਮਰੋ ਤੇ ਸਿਮਰ ਕੇ ਸੁਖ ਹਾਸਲ ਕਰੋ;
13244	290	ਆਪਿ ਜਪਹੁ ਅਵਰਹ ਨਾਮੁ ਜਪਾਵਹੁ॥		Aap Japahu Avareh Naam Japaavahu ||	Chant the Naam yourself, and inspire others to chant it.	ਪ੍ਰਭੂ ਦਾ ਨਾਮ ਆਪ ਜਪਹੁ ਤੇ ਹੋਰਨਾਂ ਨੂੰ ਭੀ ਜਪਾਵਹੁ।
13245	290	ਭਗਤਿ ਭਾਇ ਤਰੀਐ ਸੰਸਾਰੁ॥		Bhagath Bhaae Thareeai Sansaar ||	By loving devotional worship, you shall cross over the world-ocean.	ਪ੍ਰਭੂ ਦੀ ਭਗਤੀ ਵਿਚ ਨਿਹੁੰ ਲਾਇਆਂ ਇਹ ਸੰਸਾਰ (ਸਮੁੰਦਰ) ਤਰੀਦਾ ਹੈ,
13246	290	ਬਿਨੁ ਭਗਤੀ ਤਨੁ ਹੋਸੀ ਛਾਰੁ॥		Bin Bhagathee Than Hosee Shhaar ||	Without devotional meditation, the body will be just ashes.	ਭਗਤੀ ਤੋਂ ਬਿਨਾ ਇਹ ਸਰੀਰ ਕਿਸੇ ਕੰਮ ਨਹੀਂ।
13247	290	ਸਰਬ ਕਲਿਆਣ ਸੂਖ ਨਿਧਿ ਨਾਮੁ॥		Sarab Kaliaan Sookh Nidhh Naam ||	All joys and comforts are in the treasure of the Naam.	ਪ੍ਰਭੂ ਦਾ ਨਾਮ ਭਲੇ ਭਾਗਾਂ ਤੇ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ,
13248	290	ਬੂਡਤ ਜਾਤ ਪਾਏ ਬਿਸ੍ਰਾਮੁ॥		Booddath Jaath Paaeae Bisraam ||	Even the drowning can reach the place of rest and safety.	(ਨਾਮ ਜਪਿਆਂ ਵਿਕਾਰਾਂ ਵਿਚ) ਡੁੱਬਦੇ ਜਾਂਦੇ ਨੂੰ ਆਸਰਾ ਟਿਕਾਣਾ ਮਿਲਦਾ ਹੈ;
13249	290	ਸਗਲ ਦੂਖ ਕਾ ਹੋਵਤ ਨਾਸੁ॥		Sagal Dhookh Kaa Hovath Naas ||	All sorrows shall vanish.	(ਤੇ) ਸਾਰੇ ਦੁੱਖਾਂ ਦਾ ਨਾਸ ਹੋ ਜਾਂਦਾ ਹੈ।

13250	290	ਨਾਨਕ ਨਾਮੁ ਜਪਹੁ ਗੁਨਤਾਸੁ॥੫॥		Naanak Naam Japahu Gunathaas ||5||	O Nanak, chant the Naam, the treasure of excellence. ||5||	(ਤਾਂ ਤੇ) ਹੇ ਨਾਨਕ! ਨਾਮ ਜਪਹੁ, (ਨਾਮ ਹੀ) ਗੁਣਾਂ ਦਾ ਖ਼ਜ਼ਾਨਾ (ਹੈ) ॥੫॥
13251	290	ਉਪਜੀ ਪ੍ਰੀਤਿ ਪ੍ਰੇਮ ਰਸੁ ਚਾਉ॥		Oupajee Preeth Praem Ras Chaao ||	Love and affection, and the taste of yearning, have welled up within;	(ਜਿਸ ਦੇ ਅੰਦਰ ਪ੍ਰਭੂ ਦੀ) ਪ੍ਰੀਤ ਪੈਦਾ ਹੋਈ ਹੈ, ਪ੍ਰਭੂ ਦੇ ਪਿਆਰ ਦਾ ਸੁਆਦ ਤੇ ਚਾਉ ਪੈਦਾ ਹੋਇਆ ਹੈ,
13252	290	ਮਨ ਤਨ ਅੰਤਰਿ ਇਹੀ ਸੁਆਉ॥	ਇਹੀ	Man Than Anthar Eihee Suaao ||	Within my mind and body, this is my purpose:	ਉਸ ਦੇ ਮਨ ਤੇ ਤਨ ਵਿਚ ਇਹੀ ਚਾਹ ਹੈ (ਕਿ ਨਾਮ ਦੀ ਦਾਤ ਮਿਲੇ)।
13253	290	ਨੇਤ੍ਰਹੁ ਪੇਖਿ ਦਰਸੁ ਸੁਖੁ ਹੋਇ॥		Naethrahu Paekh Dharas Sukh Hoe ||	Beholding with my eyes His Blessed Vision, I am at peace.	ਅੱਖਾਂ ਨਾਲ (ਗੁਰੂ ਦਾ) ਦੀਦਾਰ ਕਰ ਕੇ ਉਸ ਨੂੰ ਸੁਖ ਹੁੰਦਾ ਹੈ,
13254	290	ਮਨੁ ਬਿਗਸੈ ਸਾਧ ਚਰਨ ਧੋਇ॥		Man Bigasai Saadhh Charan Dhhoe ||	My mind blossoms forth in ecstasy, washing the feet of the Holy.	ਗੁਰੂ ਦੇ ਚਰਨ ਧੋ ਕੇ ਉਸ ਦਾ ਮਨ ਖਿੜ ਆਉਂਦਾ ਹੈ।
13255	290	ਭਗਤ ਜਨਾ ਕੈ ਮਨਿ ਤਨਿ ਰੰਗੁ॥		Bhagath Janaa Kai Man Than Rang ||	The minds and bodies of His devotees are infused with His Love.	ਭਗਤਾਂ ਦੇ ਮਨ ਤੇ ਸਰੀਰ ਵਿਚ (ਪ੍ਰਭੂ ਦਾ) ਪਿਆਰ ਟਿਕਿਆ ਰਹਿੰਦਾ ਹੈ,
13256	290	ਬਿਰਲਾ ਕੋਊ ਪਾਵੈ ਸੰਗੁ॥		Biralaa Kooo Paavai Sang ||	Rare is the one who obtains their company.	(ਪਰ) ਕਿਸੇ ਵਿਰਲੇ ਭਾਗਾਂ ਵਾਲੇ ਨੂੰ ਉਹਨਾਂ ਦੀ ਸੰਗਤਿ ਨਸੀਬ ਹੁੰਦੀ ਹੈ।
13257	290	ਏਕ ਬਸਤੁ ਦੀਜੈ ਕਰਿ ਮਇਆ॥	ਮਇਆ	Eaek Basath Dheejai Kar Maeiaa ||	Show Your mercy - please, grant me this one request:	(ਹੇ ਪ੍ਰਭੂ!) ਇਕ ਨਾਮ-ਵਸਤੂ ਮੇਹਰ ਕਰ ਕੇ (ਸਾਨੂੰ) ਦੇਹ,

13258	290	ਗੁਰ ਪ੍ਰਸਾਦਿ ਨਾਮੁ ਜਪਿ ਲਇਆ॥	ਲਇਆ	Gur Prasaadh Naam Jap Laeiaa ||	By Guru's Grace, may I chant the Naam.	(ਤਾਂ ਜੋ) ਗੁਰੂ ਦੀ ਕਿਰਪਾ ਨਾਲ ਤੇਰਾ ਨਾਮ ਜਪ ਸਕੀਏ।
13259	290	ਤਾ ਕੀ ਉਪਮਾ ਕਹੀ ਨ ਜਾਇ॥		Thaa Kee Oupamaa Kehee N Jaae ||	His Praises cannot be spoken;	ਉਸ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ।
13260	290	ਨਾਨਕ ਰਹਿਆ ਸਰਬ ਸਮਾਇ॥੬॥		Naanak Rehiaa Sarab Samaae ||6||	O Nanak, He is contained among all. ||6||	ਹੇ ਨਾਨਕ! ਉਹ ਪ੍ਰਭੂ ਸਭ ਥਾਈਂ ਮੌਜੂਦ ਹੈ ॥੬॥
13261	290	ਪ੍ਰਭ ਬਖਸੰਦ ਦੀਨ ਦਇਆਲ॥	ਦਇਆਲ	Prabh Bakhasandh Dheen Dhaeiaal ||	God, the Forgiving Lord, is kind to the poor.	ਹੇ ਬਖ਼ਸ਼ਨਹਾਰ ਪ੍ਰਭੂ! ਹੇ ਗਰੀਬਾਂ ਤੇ ਤਰਸ ਕਰਨ ਵਾਲੇ!
13262	290	ਭਗਤਿ ਵਛਲ ਸਦਾ ਕਿਰਪਾਲ॥		Bhagath Vashhal Sadhaa Kirapaal ||	He loves His devotees, and He is always merciful to them.	ਹੇ ਭਗਤੀ ਨਾਲ ਪਿਆਰ ਕਰਨ ਵਾਲੇ! ਹੇ ਸਦਾ ਦਇਆ ਦੇ ਘਰ!
13263	290	ਅਨਾਥ ਨਾਥ ਗੋਬਿੰਦ ਗੁਪਾਲ॥		Anaathh Naathh Gobindh Gupaal ||	The Patron of the patronless, the Lord of the Universe, the Sustainer of the world,	ਹੇ ਅਨਾਥਾਂ ਦੇ ਨਾਥ! ਹੇ ਗੋਬਿੰਦ! ਹੇ ਗੋਪਾਲ!
13264	290	ਸਰਬ ਘਟਾ ਕਰਤ ਪ੍ਰਤਿਪਾਲ॥	ਪ੍ਰ-ਤਿ-ਪਾਲ	Sarab Ghattaa Karath Prathipaal ||	The Nourisher of all beings.	ਹੇ ਸਾਰੇ ਸਰੀਰਾਂ ਦੀ ਪਾਲਣਾ ਕਰਨ ਵਾਲੇ!
13265	290	ਆਦਿ ਪੁਰਖ ਕਾਰਣ ਕਰਤਾਰ॥		Aadh Purakh Kaaran Karathaar ||	The Primal Being, the Creator of the Creation.	ਹੇ ਸਭ ਦੇ ਮੁੱਢ ਤੇ ਸਭ ਵਿੱਚ ਵਿਆਪਕ ਪ੍ਰਭੂ! ਹੇ (ਜਗਤ ਦੇ) ਮੂਲ! ਹੇ ਕਰਤਾਰ!

13266	290	ਭਗਤ ਜਨਾ ਕੇ ਪ੍ਰਾਨ ਅਧਾਰ॥		Bhagath Janaa Kae Praan Adhhaar ||	The Support of the breath of life of His devotees.	ਹੇ ਭਗਤਾਂ ਦੀ ਜ਼ਿੰਦਗੀ ਦੇ ਆਸਰੇ!
13267	290	ਜੋ ਜੋ ਜਪੈ ਸੁ ਹੋਇ ਪੁਨੀਤ॥		Jo Jo Japai S Hoe Puneeth ||	Whoever meditates on Him is sanctified,	ਜੋ ਜੋ ਮਨੁੱਖ ਤੈਨੂੰ ਜਪਦਾ ਹੈ, ਉਹ ਪਵਿੱਤ੍ਰ ਹੋ ਜਾਂਦਾ ਹੈ,
13268	290	ਭਗਤਿ ਭਾਇ ਲਾਵੈ ਮਨ ਹੀਤ॥		Bhagath Bhaae Laavai Man Heeth ||	Focusing the mind in loving devotional worship.	ਭਗਤੀ-ਭਾਵ ਨਾਲ ਆਪਣੇ ਮਨ ਵਿਚ ਤੇਰਾ ਪਿਆਰ ਟਿਕਾਉਂਦਾ ਹੈ (ਉਸ ਦਾ ਉਧਾਰ ਹੋ ਜਾਂਦਾ ਹੈ।)
13269	290	ਹਮ ਨਿਰਗੁਨੀਆਰ ਨੀਚ ਅਜਾਨ॥	ਨਿਰਗੁਨੀ-ਆਰ	Ham Niraguneeaar Neech Ajaan ||	I am unworthy, lowly and ignorant.	ਅਸੀਂ ਨੀਚ ਹਾਂ, ਅੰਞਾਣ ਹਾਂ ਤੇ ਗੁਣ-ਹੀਨ ਹਾਂ।
13270	290	ਨਾਨਕ ਤੁਮਰੀ ਸਰਨਿ ਪੁਰਖ ਭਗਵਾਨ ॥੭॥		Naanak Thumaree Saran Purakh Bhagavaan ||7||	Nanak has entered Your Sanctuary, O Supreme Lord God. ||7||	ਹੇ ਨਾਨਕ! (ਬੇਨਤੀ ਕਰ ਤੇ ਆਖ-) ਹੇ ਅਕਾਲ ਪੁਰਖ! ਹੇ ਭਗਵਾਨ! ਅਸੀਂ ਤੇਰੀ ਸਰਨ ਆਏ ਹਾਂ ॥੭॥
13271	290	ਸਰਬ ਬੈਕੁੰਠ ਮੁਕਤਿ ਮੋਖ ਪਾਏ॥		Sarab Baikunth Mukath Mokh Paaeae ||	Everything is obtained: the heavens, liberation and deliverance,	ਉਸ ਮਨੁੱਖ ਨੇ (ਮਾਨੋ) ਸਾਰੇ ਸੁਰਗ ਤੇ ਮੋਖ ਮੁਕਤੀ ਹਾਸਲ ਕਰ ਲਏ ਹਨ,
13272	290	ਏਕ ਨਿਮਖ ਹਰਿ ਕੇ ਗੁਨ ਗਾਏ॥		Eaek Nimakh Har Kae Gun Gaaeae ||	If one sings the Lord's Glories, even for an instant.	ਜਿਸ ਨੇ ਅੱਖ ਦਾ ਇਕ ਫੋਰ ਮਾਤ੍ਰ ਭੀ ਪ੍ਰਭੂ ਦੇ ਗੁਣ ਗਾਏ ਹਨ।

13273	290	ਅਨਿਕ ਰਾਜ ਭੋਗ ਬਡਿਆਈ॥		Anik Raaj Bhog Baddiaaee ||	So many realms of power, pleasures and great glories,	ਉਸ ਮਨੁੱਖ ਨੂੰ (ਮਾਨੋ) ਅਨੇਕਾਂ ਰਾਜ-ਭੋਗ ਪਦਾਰਥ ਤੇ ਵਡਿਆਈਆਂ ਮਿਲ ਗਈਆਂ ਹਨ,
13274	290	ਹਰਿ ਕੇ ਨਾਮ ਕੀ ਕਥਾ ਮਨਿ ਭਾਈ॥		Har Kae Naam Kee Kathhaa Man Bhaaee ||	Come to one whose mind is pleased with the Sermon of the Lord's Name.	ਜਿਸ ਦੇ ਮਨ ਵਿਚ ਪ੍ਰਭੂ ਦੇ ਨਾਮ ਦੀ ਗੱਲ-ਬਾਤ ਮਿੱਠੀ ਲੱਗੀ ਹੈ।
13275	290	ਬਹੁ ਭੋਜਨ ਕਾਪਰ ਸੰਗੀਤ॥		Bahu Bhojan Kaapar Sangeeth ||	Abundant foods, clothes and music	ਉਸ ਮਨੁੱਖ ਨੂੰ (ਮਾਨੋ) ਕਈ ਕਿਸਮ ਦੇ ਖਾਣੇ ਕੱਪੜੇ ਤੇ ਰਾਗ-ਰੰਗ ਹਾਸਲ ਹੋ ਗਏ ਹਨ,
13276	290	ਰਸਨਾ ਜਪਤੀ ਹਰਿ ਹਰਿ ਨੀਤ॥		Rasanaa Japathee Har Har Neeth ||	Come to one whose tongue continually chants the Lord's Name, Har, Har.	ਜਿਸ ਦੀ ਜੀਭ ਸਦਾ ਪ੍ਰਭੂ ਦਾ ਨਾਮ ਜਪਦੀ ਹੈ।
13277	290	ਭਲੀ ਸੁਕਰਨੀ ਸੋਭਾ ਧਨਵੰਤ॥	ਸੁ-ਕਰਨੀ	Bhalee S Karanee Sobhaa Dhhanavanth ||	His actions are good, he is glorious and wealthy;	ਉਸੇ ਮਨੁੱਖ ਦਾ ਹੀ ਆਚਰਨ ਭਲਾ ਹੈ, ਉਸੇ ਨੂੰ ਹੀ ਸੋਭਾ ਮਿਲਦੀ ਹੈ, ਓਹੀ ਧਨਾਢ ਹੈ,
13278	290	ਹਿਰਦੈ ਬਸੇ ਪੂਰਨ ਗੁਰ ਮੰਤ॥		Hiradhai Basae Pooran Gur Manth ||	The Mantra of the Perfect Guru dwells within his heart.	ਜਿਸ ਦੇ ਹਿਰਦੇ ਵਿਚ ਪੂਰੇ ਗੁਰੂ ਦਾ ਉਪਦੇਸ਼ ਵੱਸਦਾ ਹੈ।
13279	290	ਸਾਧਸੰਗਿ ਪ੍ਰਭ ਦੇਹੁ ਨਿਵਾਸ॥		Saadhhasang Prabh Dhaehu Nivaas ||	O God, grant me a home in the Company of the Holy.	ਹੇ ਪ੍ਰਭੂ! ਆਪਣੇ ਸੰਤਾਂ ਦੀ ਸੰਗਤ ਵਿਚ ਥਾਂ ਦੇਹ।
13280	290	ਸਰਬ ਸੂਖ ਨਾਨਕ ਪਰਗਾਸ॥੮॥੨੦॥		Sarab Sookh Naanak Paragaas ||8||20||	All pleasures, O Nanak, are so revealed. ||8||20||	ਹੇ ਨਾਨਕ! (ਸਤਸੰਗ ਵਿਚ ਰਿਹਾਂ) ਸਾਰੇ ਸੁਖਾਂ ਦਾ ਪ੍ਰਕਾਸ਼ ਹੋ ਜਾਂਦਾ ਹੈ ॥੮॥੨੦॥

13281	290	ਸਲੋਕੁ॥		Salok ||	Shalok:	
13282	290	ਸਰਗੁਨ ਨਿਰਗੁਨ ਨਿਰੰਕਾਰ ਸੁੰਨ ਸਮਾਧੀ ਆਪਿ॥		Saragun Niragun Nirankaar Sunn Samaadhhee Aap ||	He possesses all qualities; He transcends all qualities; He is the Formless Lord. He Himself is in Primal Samaadhi.	ਨਿਰੰਕਾਰ (ਭਾਵ, ਆਕਾਰ-ਰਹਿਤ ਅਕਾਲ ਪੁਰਖ) ਤ੍ਰਿਗੁਣੀ ਮਾਇਆ ਦਾ ਰੂਪ (ਭਾਵ, ਜਗਤ ਰੂਪ) ਭੀ ਆਪ ਹੈ ਤੇ ਮਾਇਆ ਦੇ ਤਿੰਨਾਂ ਗੁਣਾਂ ਤੋਂ ਪਰੇ ਭੀ ਆਪ ਹੀ ਹੈ, ਅਫੁਰ ਅਵਸਥਾ ਵਿਚ ਟਿਕਿਆ ਹੋਇਆ ਭੀ ਆਪ ਹੀ ਹੈ।
13283	290	ਆਪਨ ਕੀਆ ਨਾਨਕਾ ਆਪੇ ਹੀ ਫਿਰਿ ਜਾਪਿ॥੧॥		Aapan Keeaa Naanakaa Aapae Hee Fir Jaap ||1||	Through His Creation, O Nanak, He meditates on Himself. ||1||	ਹੇ ਨਾਨਕ! (ਇਹ ਸਾਰਾ ਜਗਤ) ਪ੍ਰਭੂ ਨੇ ਆਪ ਹੀ ਰਚਿਆ ਹੈ (ਤੇ ਜਗਤ ਦੇ ਜੀਵਾਂ ਵਿਚ ਬੈਠ ਕੇ) ਆਪ ਹੀ (ਆਪਣੇ ਆਪ ਨੂੰ ਯਾਦ ਕਰ ਰਿਹਾ ਹੈ ॥੧॥
13284	290	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	
13285	290	ਜਬ ਅਕਾਰੁ ਇਹੁ ਕਛੁ ਨ ਦ੍ਰਿਸਟੇਤਾ॥		Jab Akaar Eihu Kashh N Dhrisattaethaa ||	When this world had not yet appeared in any form,	ਜਦੋਂ (ਜਗਤ ਦੇ ਜੀਆਂ ਦੀ ਅਜੇ) ਕੋਈ ਸ਼ਕਲ ਹੀ ਨਹੀਂ ਦਿੱਸਦੀ ਸੀ,
13286	290	ਪਾਪ ਪੁੰਨ ਤਬ ਕਹ ਤੇ ਹੋਤਾ॥		Paap Punn Thab Keh Thae Hothaa ||	Who then committed sins and performed good deeds?	ਤਦੋਂ ਪਾਪ ਜਾਂ ਪੁੰਨ ਕਿਸ (ਜੀਵ) ਤੋਂ ਹੋ ਸਕਦਾ ਸੀ?

13287	290	ਜਬ ਧਾਰੀ ਆਪਨ ਸੁੰਨ ਸਮਾਧਿ॥		Jab Dhhaaree Aapan Sunn Samaadhh ||	When the Lord Himself was in Profound Samaadhi,	ਜਦੋਂ (ਪ੍ਰਭੂ ਨੇ) ਆਪ ਅਫੁਰ ਅਵਸਥਾ ਵਾਲੀ ਸਮਾਧੀ ਲਾਈ ਹੋਈ ਸੀ (ਭਾਵ ਜਦੋਂ ਆਪਣੇ ਆਪ ਵਿਚ ਹੀ ਮਸਤ ਸੀ),
13288	290	ਤਬ ਬੈਰ ਬਿਰੋਧ ਕਿਸੁ ਸੰਗਿ ਕਮਾਤਿ॥		Thab Bair Birodhh Kis Sang Kamaath ||	Then against whom were hate and jealousy directed?	ਤਦੋਂ (ਕਿਸ ਨੇ) ਕਿਸੇ ਨਾਲ ਵੈਰ-ਵਿਰੋਧ ਕਮਾਉਣਾ ਸੀ?
13289	290	ਜਬ ਇਸ ਕਾ ਬਰਨੁ ਚਿਹਨੁ ਨ ਜਾਪਤ॥		Jab Eis Kaa Baran Chihan N Jaapath ||	When there was no color or shape to be seen,	ਜਦੋਂ ਇਸ (ਜਗਤ) ਦਾ ਕੋਈ ਰੰਗ-ਰੂਪ ਹੀ ਨਹੀਂ ਸੀ ਦਿੱਸਦਾ,
13290	290	ਤਬ ਹਰਖ ਸੋਗ ਕਹੁ ਕਿਸਹਿ ਬਿਆਪਤ॥		Thab Harakh Sog Kahu Kisehi Biaapath ||	Then who experienced joy and sorrow?	ਤਦੋਂ ਦੱਸੋ ਖ਼ੁਸ਼ੀ ਜਾਂ ਚਿੰਤਾ ਕਿਸ ਨੂੰ ਪੋਹ ਸਕਦੇ ਸਨ?
13291	290	ਜਬ ਆਪਨ ਆਪ ਆਪਿ ਪਾਰਬ੍ਰਹਮ॥		Jab Aapan Aap Aap Paarabreham ||	When the Supreme Lord Himself was Himself All-in-all,	ਜਦੋਂ ਅਕਾਲ ਪੁਰਖ ਕੇਵਲ ਆਪ ਹੀ ਆਪ ਸੀ,
13292	290	ਤਬ ਮੋਹ ਕਹਾ ਕਿਸੁ ਹੋਵਤ ਭਰਮ॥		Thab Moh Kehaa Kis Hovath Bharam ||	Then where was emotional attachment, and who had doubts?	ਤਦੋਂ ਮੋਹ ਕਿਥੇ ਹੋ ਸਕਦਾ ਸੀ, ਤੇ ਭਰਮ-ਭੁਲੇਖੇ ਕਿਸ ਨੂੰ ਹੋ ਸਕਦੇ ਸਨ?
13293	291	ਆਪਨ ਖੇਲੁ ਆਪਿ ਵਰਤੀਜਾ॥		Aapan Khael Aap Varatheejaa ||	He Himself has staged His own drama;	(ਜਗਤ ਰੂਪ) ਅਪਾਣੀ ਖੇਡ ਪ੍ਰਭੂ ਨੇ ਆਪ ਬਣਾਈ ਹੈ,

13294	291	ਨਾਨਕ ਕਰਨੈਹਾਰੁ ਨ ਦੂਜਾ॥੧॥		Naanak Karanaihaar N Dhoojaa ||1||	O Nanak, there is no other Creator. ||1||	ਹੇ ਨਾਨਕ! (ਉਸ ਤੋਂ ਬਿਨਾ ਇਸ ਖੇਡ ਦਾ) ਬਨਾਉਣ ਵਾਲਾ ਕੋਈ ਹੋਰ ਨਹੀਂ ਹੈ ॥੧॥
13295	291	ਜਬ ਹੋਵਤ ਪ੍ਰਭ ਕੇਵਲ ਧਨੀ॥		Jab Hovath Prabh Kaeval Dhhanee ||	When there was only God the Master,	ਜਦੋਂ ਮਾਲਕ ਪ੍ਰਭੂ ਸਿਰਫ਼ (ਆਪ ਹੀ) ਸੀ,
13296	291	ਤਬ ਬੰਧ ਮੁਕਤਿ ਕਹੁ ਕਿਸ ਕਉ ਗਨੀ॥		Thab Bandhh Mukath Kahu Kis Ko Ganee ||	Then who was called bound or liberated?	ਤਦੋਂ ਦੱਸੋ, ਕਿਸ ਨੂੰ ਬੰਧਨਾਂ ਵਿਚ ਫਸਿਆ ਹੋਇਆ, ਤੇ ਕਿਸ ਨੂੰ ਮੁਕਤਿ ਸਮਝੀਏ?
13297	291	ਜਬ ਏਕਹਿ ਹਰਿ ਅਗਮ ਅਪਾਰ॥		Jab Eaekehi Har Agam Apaar ||	When there was only the Lord, Unfathomable and Infinite,	ਜਦੋਂ ਅਗਮ ਤੇ ਬੇਅੰਤ ਪ੍ਰਭੂ ਇਕ ਆਪ ਹੀ ਸੀ,
13298	291	ਤਬ ਨਰਕ ਸੁਰਗ ਕਹੁ ਕਉਨ ਅਉਤਾਰ॥		Thab Narak Surag Kahu Koun Aouthaar ||	Then who entered hell, and who entered heaven?	ਤਦੋਂ ਦੱਸੋ, ਨਰਕਾਂ ਤੇ ਸੁਰਗਾਂ ਵਿਚ ਆਉਣ ਵਾਲੇ ਕੇਹੜੇ ਜੀਵ ਸਨ?
13299	291	ਜਬ ਨਿਰਗੁਨ ਪ੍ਰਭ ਸਹਜ ਸੁਭਾਇ॥		Jab Niragun Prabh Sehaj Subhaae ||	When God was without attributes, in absolute poise,	ਜਦੋਂ ਸੁਤੇ ਹੀ ਪ੍ਰਭੂ ਤ੍ਰਿਗੁਣੀ ਮਾਇਆ ਤੋਂ ਪਰੇ ਸੀ, (ਭਾਵ, ਜਦੋਂ ਉਸ ਨੇ ਮਾਇਆ ਰਚੀ ਹੀ ਨਹੀਂ ਸੀ)
13300	291	ਤਬ ਸਿਵ ਸਕਤਿ ਕਹਹੁ ਕਿਤੁ ਠਾਇ॥	ਕਹ-ਹੁ	Thab Siv Sakath Kehahu Kith Thaae ||	Then where was mind and where was matter - where was Shiva and Shakti?	ਤਦੋਂ ਦੱਸੋ, ਕਿਥੇ ਸਨ ਜੀਵ ਤੇ ਕਿਥੇ ਸੀ ਮਾਇਆ?

13301	291	ਜਬ ਆਪਹਿ ਆਪਿ ਅਪਨੀ ਜੋਤਿ ਧਰੈ॥	ਅਪਿ-ਹਿ	Jab Aapehi Aap Apanee Joth Dhharai ||	When He held His Own Light unto Himself,	ਜਦੋਂ ਪ੍ਰਭੂ ਆਪ ਹੀ ਆਪਣੀ ਜੋਤਿ ਜਗਾਈ ਬੈਠਾ ਸੀ,
13302	291	ਤਬ ਕਵਨ ਨਿਡਰੁ ਕਵਨ ਕਤ ਡਰੈ॥	ਨਿੱਡਰੁ	Thab Kavan Niddar Kavan Kath Ddarai ||	Then who was fearless, and who was afraid?	ਤਦੋਂ ਕੌਣ ਨਿਡਰ ਸੀ ਤੇ ਕੌਣ ਕਿਸੇ ਤੋਂ ਡਰਦੇ ਸਨ?
13303	291	ਆਪਨ ਚਲਿਤ ਆਪਿ ਕਰਨੈਹਾਰ॥	ਚਲਿ-ਤ: ਪੋਲਾ ਬੋਲੋ ਮਿਲਵਾਂ, ਲੱਲੇ ਸਿਹਾਰੀ ਲਾਉ	Aapan Chalith Aap Karanaihaar ||	He Himself is the Performer in His own plays;	ਆਪਣੇ ਤਮਾਸ਼ੇ ਆਪ ਹੀ ਕਰਨ ਵਾਲਾ ਹੈ,
13304	291	ਨਾਨਕ ਠਾਕੁਰ ਅਗਮ ਅਪਾਰ॥੨॥		Naanak Thaakur Agam Apaar ||2||	O Nanak, the Lord Master is Unfathomable and Infinite. ||2||	ਹੇ ਨਾਨਕ! ਅਕਾਲ ਪੁਰਖ ਅਗਮ ਤੇ ਬੇਅੰਤ ਹੈ ॥੨॥
13305	291	ਅਬਿਨਾਸੀ ਸੁਖ ਆਪਨ ਆਸਨ॥		Abinaasee Sukh Aapan Aasan ||	When the Immortal Lord was seated at ease,	ਜਦੋਂ ਅਕਾਲ ਪੁਰਖ ਆਪਣੀ ਮੌਜ ਵਿਚ ਆਪਣੇ ਹੀ ਸਰੂਪ ਵਿਚ ਟਿਕਿਆ ਬੈਠਾ ਸੀ,
13306	291	ਤਹ ਜਨਮ ਮਰਨ ਕਹੁ ਕਹਾ ਬਿਨਾਸਨ॥		Theh Janam Maran Kahu Kehaa Binaasan ||	Then where was birth, death and dissolution?	ਤਦੋਂ ਦੱਸੋ, ਜੰਮਣਾ ਮਰਨਾ ਤੇ ਮੌਤ ਕਿਥੇ ਸਨ?
13307	291	ਜਬ ਪੂਰਨ ਕਰਤਾ ਪ੍ਰਭੁ ਸੋਇ॥		Jab Pooran Karathaa Prabh Soe ||	When there was only God, the Perfect Creator,	ਜਦੋਂ ਕਰਤਾਰ ਪੂਰਨ ਪ੍ਰਭੂ ਆਪ ਹੀ ਸੀ,

13308	291	ਤਬ ਜਮ ਕੀ ਤ੍ਰਾਸ ਕਹਹੁ ਕਿਸੁ ਹੋਇ॥	ਕਹ-ਹੁ	Thab Jam Kee Thraas Kehahu Kis Hoe ||	Then who was afraid of death?	ਤਦੋਂ ਦੱਸੋ, ਮੌਤ ਦਾ ਡਰ ਕਿਸ ਨੂੰ ਹੋ ਸਕਦਾ ਸੀ?
13309	291	ਜਬ ਅਬਿਗਤ ਅਗੋਚਰ ਪ੍ਰਭ ਏਕਾ॥	ਅਬਿ-ਗਤ: ਪੋਲਾ ਬੋਲੋ	Jab Abigath Agochar Prabh Eaekaa ||	When there was only the One Lord, unmanifest and incomprehensible,	ਜਦੋਂ ਅਦ੍ਰਿਸ਼ਟ ਤੇ ਅਗੋਚਰ ਪ੍ਰਭੂ ਇਕ ਆਪ ਹੀ ਸੀ,
13310	291	ਤਬ ਚਿਤ੍ਰ ਗੁਪਤ ਕਿਸੁ ਪੂਛਤ ਲੇਖਾ॥	ਲੇਖਾ	Thab Chithr Gupath Kis Pooshhath Laekhaa ||	Then who was called to account by the recording scribes of the conscious and the subconscious?	ਤਦੋਂ ਚਿਤ੍ਰ ਗੁਪਤ ਕਿਸ ਨੂੰ ਲੇਖਾ ਪੁੱਛ ਸਕਦੇ ਸਨ?
13311	291	ਜਬ ਨਾਥ ਨਿਰੰਜਨ ਅਗੋਚਰ ਅਗਾਧੇ॥		Jab Naathh Niranjan Agochar Agaadhhae ||	When there was only the Immaculate, Incomprehensible, Unfathomable Master,	ਜਦੋਂ ਮਾਲਕ ਮਾਇਆ-ਰਹਿਤ ਅਥਾਹ ਅਗੋਚਰ ਆਪ ਹੀ ਸੀ,
13312	291	ਤਬ ਕਉਨ ਛੁਟੇ ਕਉਨ ਬੰਧਨ ਬਾਧੇ॥		Thab Koun Shhuttae Koun Bandhhan Baadhhae ||	Then who was emancipated, and who was held in bondage?	ਤਦੋਂ ਕੌਣ ਮਾਇਆ ਦੇ ਬੰਧਨਾਂ ਤੋਂ ਮੁਕਤ ਸਨ ਤੇ ਕੌਣ ਬੰਧਨਾਂ ਵਿਚ ਬੱਝੇ ਹੋਏ ਹਨ?
13313	291	ਆਪਨ ਆਪ ਆਪ ਹੀ ਅਚਰਜਾ॥	ਅ-ਚਰਜਾ	Aapan Aap Aap Hee Acharajaa ||	He Himself, in and of Himself, is the most wonderful.	ਉਹ ਅਚਰਜ-ਰੂਪ ਪ੍ਰਭੂ ਆਪਣੇ ਵਰਗਾ ਆਪ ਹੀ ਹੈ।

13314	291	ਨਾਨਕ ਆਪਨ ਰੂਪ ਆਪ ਹੀ ਉਪਰਜਾ॥੩॥	ਉ-ਪਰਜਾ ਪੈਦਾ ਕੀਤਾ	Naanak Aapan Roop Aap Hee Ouparajaa ||3||	O Nanak, He Himself created His Own Form. ||3||	ਹੇ ਨਾਨਕ! ਆਪਣਾ ਆਕਾਰ ਉਸ ਨੇ ਆਪ ਹੀ ਪੈਦਾ ਕੀਤਾ ਹੈ ॥੩॥
13315	291	ਜਹ ਨਿਰਮਲ ਪੁਰਖੁ ਪੁਰਖ ਪਤਿ ਹੋਤਾ॥	ਹੋੱਤਾ	Jeh Niramal Purakh Purakh Path Hothaa ||	When there was only the Immaculate Being, the Lord of beings,	ਜਿਸ ਅਵਸਥਾ ਵਿਚ ਜੀਵਾਂ ਦਾ ਮਾਲਕ ਨਿਰਮਲ ਪ੍ਰਭੂ ਆਪ ਹੀ ਸੀ,
13316	291	ਤਹ ਬਿਨੁ ਮੈਲੁ ਕਹਹੁ ਕਿਆ ਧੋਤਾ॥	ਧੋੱਤਾ	Theh Bin Mail Kehahu Kiaa Dhhothaa ||	There was no filth, so what was there to be washed clean?	ਓਥੇ ਉਹ ਮੈਲ-ਰਹਿਤ ਸੀ, ਤਾਂ ਦੱਸੋ, ਉਸ ਨੇ ਕੇਹੜੀ ਮੈਲ ਧੋਣੀ ਸੀ?
13317	291	ਜਹ ਨਿਰੰਜਨ ਨਿਰੰਕਾਰ ਨਿਰਬਾਨ॥		Jeh Niranjan Nirankaar Nirabaan ||	When there was only the Pure, Formless Lord in Nirvaanaa,	ਜਿਥੇ ਮਾਇਆ-ਰਹਿਤ, ਆਕਾਰ-ਰਹਿਤ ਤੇ ਵਾਸ਼ਨਾ-ਰਹਿਤ ਪ੍ਰਭੂ ਹੀ ਸੀ,
13318	291	ਤਹ ਕਉਨ ਕਉ ਮਾਨ ਕਉਨ ਅਭਿਮਾਨ॥		Theh Koun Ko Maan Koun Abhimaan ||	Then who was honored, and who was dishonored?	ਉਥੇ ਮਾਣ ਅਹੰਕਾਰ ਕਿਸ ਨੂੰ ਹੋਣਾ ਸੀ?
13319	291	ਜਹ ਸਰੂਪ ਕੇਵਲ ਜਗਦੀਸ॥		Jeh Saroop Kaeval Jagadhees ||	When there was only the Form of the Lord of the Universe,	ਜਿਥੇ ਕੇਵਲ ਜਗਤ ਦੇ ਮਾਲਕ ਪ੍ਰਭੂ ਦੀ ਹੀ ਹਸਤੀ ਸੀ,
13320	291	ਤਹ ਛਲ ਛਿਦ੍ਰ ਲਗਤ ਕਹੁ ਕੀਸ॥	ਛਿੱਦ੍ਰ	Theh Shhal Shhidhr Lagath Kahu Kees ||	Then who was tainted by fraud and sin?	ਓਥੇ ਦੱਸੋ, ਛਲ ਤੇ ਐਬ ਕਿਸ ਨੂੰ ਲੱਗ ਸਕਦੇ ਸਨ?

13321	291	ਜਹ ਜੋਤਿ ਸਰੂਪੀ ਜੋਤਿ ਸੰਗਿ ਸਮਾਵੈ॥		Jeh Joth Saroopee Joth Sang Samaavai ||	When the Embodiment of Light was immersed in His Own Light,	ਜਦੋਂ ਜੋਤਿ-ਰੂਪ ਪ੍ਰਭੂ ਆਪਣੀ ਹੀ ਜੋਤਿ ਵਿਚ ਲੀਨ ਸੀ,
13322	291	ਤਹ ਕਿਸਹਿ ਭੂਖ ਕਵਨੁ ਤ੍ਰਿਪਤਾਵੈ॥	ਕਿਸ-ਹਿ	Theh Kisehi Bhookh Kavan Thripathaavai ||	Then who was hungry, and who was satisfied?	ਤਦੋਂ ਕਿਸ ਨੂੰ (ਮਾਇਆ ਦੀ) ਭੁੱਖ ਹੋ ਸਕਦੀ ਸੀ ਤੇ ਕੌਣ ਰੱਜਿਆ ਹੋਇਆ ਸੀ?
13323	291	ਕਰਨ ਕਰਾਵਨ ਕਰਨੈਹਾਰੁ॥		Karan Karaavan Karanaihaar ||	He is the Cause of causes, the Creator Lord.	ਕਰਤਾਰ ਆਪ ਹੀ ਸਭ ਕੁਝ ਕਰਨ ਵਾਲਾ ਤੇ ਜੀਵਾਂ ਤੋਂ ਕਰਾਉਣ ਵਾਲਾ ਹੈ।
13324	291	ਨਾਨਕ ਕਰਤੇ ਕਾ ਨਾਹਿ ਸੁਮਾਰੁ॥੪॥		Naanak Karathae Kaa Naahi Sumaar ||4||	O Nanak, the Creator is beyond calculation. ||4||	ਹੇ ਨਾਨਕ! ਕਰਤਾਰ ਦਾ ਅੰਦਾਜ਼ਾ ਨਹੀਂ ਪਾਇਆ ਜਾ ਸਕਦਾ ॥੪॥
13325	291	ਜਬ ਅਪਨੀ ਸੋਭਾ ਆਪਨ ਸੰਗਿ ਬਨਾਈ॥		Jab Apanee Sobhaa Aapan Sang Banaaee ||	When His Glory was contained within Himself,	ਜਦੋਂ ਪ੍ਰਭੂ ਨੇ ਆਪਣੀ ਸੋਭਾ ਆਪਣੇ ਹੀ ਨਾਲ ਬਣਾਈ ਸੀ (ਭਾਵ, ਜਦੋਂ ਕੋਈ ਹੋਰ ਉਸ ਦੀ ਸੋਭਾ ਕਰਨ ਵਾਲਾ ਨਹੀਂ ਸੀ)
13326	291	ਤਬ ਕਵਨ ਮਾਇ ਬਾਪ ਮਿਤ੍ਰ ਸੁਤ ਭਾਈ॥		Thab Kavan Maae Baap Mithr Suth Bhaaee ||	Then who was mother, father, friend, child or sibling?	ਤਦੋਂ ਕੌਣ ਮਾਂ, ਪਿਉ, ਮਿਤ੍ਰ, ਪੁਤ੍ਰ ਜਾਂ ਭਰਾ ਸੀ?
13327	291	ਜਹ ਸਰਬ ਕਲਾ ਆਪਹਿ ਪਰਬੀਨ॥	ਆਪ-ਹਿ	Jeh Sarab Kalaa Aapehi Parabeen ||	When all power and wisdom was latent within Him,	ਜਦੋਂ ਅਕਾਲ ਪੁਰਖ ਆਪ ਹੀ ਸਾਰੀਆਂ ਤਾਕਤਾਂ ਵਿਚ ਸਿਆਣਾ ਸੀ,

13328	291	ਤਹ ਬੇਦ ਕਤੇਬ ਕਹਾ ਕੋਊ ਚੀਨ੍ਹ॥		Theh Baedh Kathaeb Kehaa Kooo Cheen ||	Then where were the Vedas and the scriptures, and who was there to read them?	ਤਦੋਂ ਕਿਥੇ ਕੋਈ ਵੇਦ (ਹਿੰਦੂ ਧਰਮ ਪੁਸਤਕ) ਤੇ ਕਤੇਬਾਂ (ਮੁਸਲਮਾਨਾਂ ਦੇ ਧਰਮ ਪੁਸਤਕ) ਵਿਚਾਰਦਾ ਸੀ?
13329	291	ਜਬ ਆਪਨ ਆਪੁ ਆਪਿ ਉਰਿ ਧਾਰੈ॥		Jab Aapan Aap Aap Our Dhhaarai ||	When He kept Himself, All-in-all, unto His Own Heart,	ਜਦੋਂ ਪ੍ਰਭੂ ਆਪਣੇ ਆਪ ਨੂੰ ਆਪ ਹੀ ਆਪਣੇ ਆਪ ਵਿਚ ਟਿਕਾਈ ਬੈਠਾ ਸੀ,
13330	291	ਤਉ ਸਗਨ ਅਪਸਗਨ ਕਹਾ ਬੀਚਾਰੈ॥	ਅਪ-ਸਗਨ	Tho Sagan Apasagan Kehaa Beechaarai ||	Then who considered omens to be good or bad?	ਤਦੋਂ ਚੰਗੇ ਮੰਦੇ ਸਗਨ ਕੌਣ ਸੋਚਦਾ ਸੀ?
13331	291	ਜਹ ਆਪਨ ਊਚ ਆਪਨ ਆਪਿ ਨੇਰਾ॥		Jeh Aapan Ooch Aapan Aap Naeraa ||	When He Himself was lofty, and He Himself was near at hand,	ਜਦੋਂ ਉਹ ਆਪ ਹੀ ਉੱਚਾ ਅਤੇ ਆਪ ਅਤੇ ਆਪ ਹੀ ਨੀਵਾਂ ਸੀ,
13332	291	ਤਹ ਕਉਨ ਠਾਕੁਰੁ ਕਉਨੁ ਕਹੀਐ ਚੇਰਾ॥		Theh Koun Thaakur Koun Keheeai Chaeraa ||	Then who was called master, and who was called disciple?	ਦੱਸੋ ਮਾਲਕ ਕੌਣ ਸੀ ਤੇ ਸੇਵਕ ਕੌਣ ਸੀ?
13333	291	ਬਿਸਮਨ ਬਿਸਮ ਰਹੇ ਬਿਸਮਾਦ॥		Bisaman Bisam Rehae Bisamaadh ||	We are wonder-struck at the wondrous wonder of the Lord.	ਜੀਵ ਤੇਰੀ ਗਤਿ ਭਾਲਦੇ ਹੈਰਾਨ ਤੇ ਅਚਰਜ ਹੋ ਰਹੇ ਹਨ।

13334	291	ਨਾਨਕ ਅਪਨੀ ਗਤਿ ਜਾਨਹੁ ਆਪਿ॥੫॥		Naanak Apanee Gath Jaanahu Aap ||5||	O Nanak, He alone knows His own state. ||5||	ਹੇ ਨਾਨਕ! (ਪ੍ਰਭੂ ਅੱਗੇ ਅਰਦਾਸ ਕਰ ਤੇ ਆਖ-ਹੇ ਪ੍ਰਭੂ!) ਤੂੰ ਆਪਣੀ ਗਤਿ ਆਪ ਹੀ ਜਾਣਦਾ ਹੈਂ ॥੫॥
13335	291	ਜਹ ਅਛਲ ਅਛੇਦ ਅਭੇਦ ਸਮਾਇਆ॥	ਅ-ਛਲ: ਪੋਲਾ ਬੋਲੋ	Jeh Ashhal Ashhaedh Abhaedh Samaaeiaa ||	When the Undeceiveable, Impenetrable, Inscrutable One was self-absorbed,	ਜਿਸ ਅਵਸਥਾ ਵਿਚ ਅਛੱਲ ਅਬਿਨਾਸੀ ਤੇ ਅਭੇਦ ਪ੍ਰਭੂ (ਆਪਣੇ ਆਪ ਵਿਚ) ਟਿਕਿਆ ਹੋਇਆ ਹੈ,
13336	291	ਊਹਾ ਕਿਸਹਿ ਬਿਆਪਤ ਮਾਇਆ॥		Oohaa Kisehi Biaapath Maaeiaa ||	Then who was swayed by Maya?	ਓਥੇ ਕਿਸ ਨੂੰ ਮਾਇਆ ਪੋਹ ਸਕਦੀ ਹੈ?
13337	291	ਆਪਸ ਕਉ ਆਪਹਿ ਆਦੇਸੁ॥		Aapas Ko Aapehi Aadhaes ||	When He paid homage to Himself,	(ਤਦੋਂ) ਪ੍ਰਭੂ ਆਪਣੇ ਆਪ ਨੂੰ ਆਪ ਹੀ ਨਮਸਕਾਰ ਕਰਦਾ ਹੈ,
13338	291	ਤਿਹੁ ਗੁਣ ਕਾ ਨਾਹੀ ਪਰਵੇਸੁ॥		Thihu Gun Kaa Naahee Paravaes ||	Then the three qualities were not prevailing.	(ਮਾਇਆ ਦੇ) ਤਿੰਨ ਗੁਣਾਂ ਦਾ (ਉਸ ਉਤੇ) ਅਸਰ ਨਹੀਂ ਪੈਂਦਾ।
13339	291	ਜਹ ਏਕਹਿ ਏਕ ਏਕ ਭਗਵੰਤਾ॥		Jeh Eaekehi Eaek Eaek Bhagavanthaa ||	When there was only the One, the One and Only Lord God,	ਜਦੋਂ ਭਗਵਾਨ ਕੇਵਲ ਇਕ ਆਪ ਹੀ ਸੀ,
13340	291	ਤਹ ਕਉਨੁ ਅਚਿੰਤੁ ਕਿਸੁ ਲਾਗੈ ਚਿੰਤਾ॥		Theh Koun Achinth Kis Laagai Chinthaa ||	Then who was not anxious, and who felt anxiety?	ਤਦੋਂ ਕੌਣ ਬੇ-ਫ਼ਿਕਰ ਸੀ ਤੇ ਕਿਸ ਨੂੰ ਕੋਈ ਚਿੰਤਾ ਲੱਗਦੀ ਸੀ।

13341	291	ਜਹ ਆਪਨ ਆਪੁ ਆਪਿ ਪਤੀਆਰਾ॥	ਪਤੀ-ਆਰਾ	Jeh Aapan Aap Aap Patheeaaraa ||	When He Himself was satisfied with Himself,	ਜਦੋਂ ਆਪਣੇ ਆਪ ਨੂੰ ਪਤਿਆਉਣ ਵਾਲਾ ਪ੍ਰਭੂ ਆਪ ਹੀ ਸੀ,
13342	291	ਤਹ ਕਉਨੁ ਕਥੈ ਕਉਨੁ ਸੁਨਨੈਹਾਰਾ॥		Theh Koun Kathhai Koun Sunanaihaaraa ||	Then who spoke and who listened?	ਤਦੋਂ ਕੌਣ ਬੋਲਦਾ ਸੀ, ਤੇ ਕੌਣ ਸੁਣਨ ਵਾਲਾ ਸੀ?
13343	291	ਬਹੁ ਬੇਅੰਤ ਊਚ ਤੇ ਊਚਾ॥		Bahu Baeanth Ooch Thae Oochaa ||	He is vast and infinite, the highest of the high.	ਪ੍ਰਭੂ ਬੜਾ ਬੇਅੰਤ ਹੈ, ਸਭ ਤੋਂ ਉੱਚਾ ਹੈ,
13344	291	ਨਾਨਕ ਆਪਸ ਕਉ ਆਪਹਿ ਪਹੂਚਾ॥੬॥		Naanak Aapas Ko Aapehi Pehoochaa ||6||	O Nanak, He alone can reach Himself. ||6||	ਹੇ ਨਾਨਕ! ਆਪਣੇ ਆਪ ਤਕ ਆਪ ਹੀ ਅੱਪੜਨ ਵਾਲਾ ਹੈ ॥੬॥
13345	291	ਜਹ ਆਪਿ ਰਚਿਓ ਪਰਪੰਚੁ ਅਕਾਰੁ॥		Jeh Aap Rachiou Parapanch Akaar ||	When He Himself fashioned the visible world of the creation,	ਜਦੋਂ ਪ੍ਰਭੂ ਨੇ ਆਪ ਜਗਤ ਦੀ ਖੇਡ ਰਚ ਦਿੱਤੀ,
13346	291	ਤਿਹੁ ਗੁਣ ਮਹਿ ਕੀਨੋ ਬਿਸਥਾਰੁ॥		Thihu Gun Mehi Keeno Bisathhaar ||	He made the world subject to the three dispositions.	ਤੇ ਮਾਇਆ ਦੇ ਤਿੰਨ ਗੁਣਾਂ ਦਾ ਖਿਲਾਰਾ ਖਲੇਰ ਦਿੱਤਾ।
13347	291	ਪਾਪੁ ਪੁੰਨੁ ਤਹ ਭਈ ਕਹਾਵਤ॥		Paap Punn Theh Bhee Kehaavath ||	Sin and virtue then began to be spoken of.	ਤਦੋਂ ਇਹ ਗੱਲ ਚੱਲ ਪਈ ਕਿ ਇਹ ਪਾਪ ਹੈ ਇਹ ਪੁੰਨ ਹੈ,

13348	292	ਕੋਊ ਨਰਕ ਕੋਊ ਸੁਰਗ ਬੰਛਾਵਤ॥		Kooo Narak Kooo Surag Banshhaavath ||	Some have gone to hell, and some yearn for paradise.	ਤਦੋਂ ਕੋਈ ਜੀਵ ਨਰਕਾਂ ਦਾ ਭਾਗੀ ਤੇ ਕੋਈ ਸੁਰਗਾਂ ਦਾ ਚਾਹਵਾਨ ਬਣਿਆ।
13349	292	ਆਲ ਜਾਲ ਮਾਇਆ ਜੰਜਾਲ॥		Aal Jaal Maaeiaa Janjaal ||	Worldly snares and entanglements of Maya,	ਘਰਾਂ ਦੇ ਧੰਧੇ, ਮਾਇਆ ਦੇ ਬੰਧਨ,
13350	292	ਹਉਮੈ ਮੋਹ ਭਰਮ ਭੈ ਭਾਰ॥		Houmai Moh Bharam Bhai Bhaar ||	Egotism, attachment, doubt and loads of fear;	ਅਹੰਕਾਰ, ਮੋਹ, ਭੁਲੇਖੇ, ਡਰ,
13351	292	ਦੂਖ ਸੂਖ ਮਾਨ ਅਪਮਾਨ॥		Dhookh Sookh Maan Apamaan ||	Pain and pleasure, honor and dishonor	ਦੁੱਖ, ਸੁਖ, ਆਦਰ ਨਿਰਾਦਰੀ-
13352	292	ਅਨਿਕ ਪ੍ਰਕਾਰ ਕੀਓ ਬਖ੍ਯਾਨ॥		Anik Prakaar Keeou Bakhyaan ||	These came to be described in various ways.	ਇਹੋ ਜਿਹੀਆਂ ਕਈ ਕਿਸਮ ਦੀਆਂ ਗੱਲਾਂ ਚੱਲ ਪਈਆਂ।
13353	292	ਆਪਨ ਖੇਲੁ ਆਪਿ ਕਰਿ ਦੇਖੈ॥		Aapan Khael Aap Kar Dhaekhai ||	He Himself creates and beholds His own drama.	ਪ੍ਰਭੂ ਆਪਣਾ ਤਮਾਸ਼ਾ ਕਰ ਕੇ ਆਪ ਵੇਖ ਰਿਹਾ ਹੈ।
13354	292	ਖੇਲੁ ਸੰਕੋਚੈ ਤਉ ਨਾਨਕ ਏਕੈ॥੭॥		Khael Sankochai Tho Naanak Eaekai ||7||	He winds up the drama, and then, O Nanak, He alone remains. ||7||	ਹੇ ਨਾਨਕ! ਜਦੋਂ ਇਸ ਖੇਡ ਨੂੰ ਸਮੇਟਦਾ ਹੈ ਤਾਂ ਇਕ ਆਪ ਹੀ ਆਪ ਹੋ ਜਾਂਦਾ ਹੈ ॥੭॥
13355	292	ਜਹ ਅਬਿਗਤੁ ਭਗਤੁ ਤਹ ਆਪਿ॥	ਅਬਿ-ਗਤੁ	Jeh Abigath Bhagath Theh Aap ||	Wherever the Eternal Lord's devotee is, He Himself is there.	ਜਿਥੇ ਅਦ੍ਰਿਸ਼ਟ ਪ੍ਰਭੂ ਹੈ ਓਥੇ ਉਸ ਦਾ ਭਗਤ ਹੈ, ਜਿਥੇ ਭਗਤ ਹੈ ਓਥੇ ਉਹ ਪ੍ਰਭੂ ਆਪ ਹੈ।

13356	292	ਜਹ ਪਸਰੈ ਪਾਸਾਰੁ ਸੰਤ ਪਰਤਾਪਿ॥		Jeh Pasarai Paasaar Santh Parathaap ||	He unfolds the expanse of His creation for the glory of His Saint.	ਹਰ ਥਾਂ ਸੰਤਾਂ ਦੀ ਮਹਿਮਾ ਵਾਸਤੇ ਪ੍ਰਭੂ ਜਗਤ ਦਾ ਖਿਲਾਰਾ ਖਿਲਾਰ ਰਿਹਾ ਹੈ।
13357	292	ਦੁਹੂ ਪਾਖ ਕਾ ਆਪਹਿ ਧਨੀ॥		Dhuhoo Paakh Kaa Aapehi Dhhanee ||	He Himself is the Master of both worlds.	(ਸੰਤਾਂ ਦਾ ਪ੍ਰਤਾਪ ਤੇ ਮਾਇਆ ਦਾ ਪ੍ਰਭਾਵ-ਇਨ੍ਹਾਂ) ਦੋਹਾਂ ਪੱਖਾਂ ਦਾ ਮਾਲਕ ਪ੍ਰਭੂ ਆਪ ਹੈ।
13358	292	ਉਨ ਕੀ ਸੋਭਾ ਉਨਹੂ ਬਨੀ॥		Oun Kee Sobhaa Ounehoo Banee ||	His Praise is to Himself alone.	ਪ੍ਰਭੂ ਜੀ ਆਪਣੀ ਸੋਭਾ ਆਪ ਹੀ ਜਾਣਦੇ ਹਨ।
13359	292	ਆਪਹਿ ਕਉਤਕ ਕਰੈ ਅਨਦ ਚੋਜ॥	ਆਪ-ਹਿ ।ਅਨ-ਦ: ਟਿੱਪੀ ਨ ਲਾਉ	Aapehi Kouthak Karai Anadh Choj ||	He Himself performs and plays His amusements and games.	ਪ੍ਰਭੂ ਆਪ ਹੀ ਖੇਡਾਂ ਖੇਡ ਰਿਹਾ ਹੈ ਆਪ ਹੀ ਆਨੰਦ ਤਮਾਸ਼ੇ ਕਰ ਰਿਹਾ ਹੈ,
13360	292	ਆਪਹਿ ਰਸ ਭੋਗਨ ਨਿਰਜੋਗ॥		Aapehi Ras Bhogan Nirajog ||	He Himself enjoys pleasures, and yet He is unaffected and untouched.	ਆਪ ਹੀ ਰਸਾਂ ਨੂੰ ਭੋਗਣ ਵਾਲਾ ਹੈ ਤੇ ਆਪ ਹੀ ਨਿਰਲੇਪ ਹੈ।
13361	292	ਜਿਸੁ ਭਾਵੈ ਤਿਸੁ ਆਪਨ ਨਾਇ ਲਾਵੈ॥		Jis Bhaavai This Aapan Naae Laavai ||	He attaches whomever He pleases to His Name.	ਜੋ ਉਸ ਨੂੰ ਭਾਉਂਦਾ ਹੈ, ਉਸ ਨੂੰ ਆਪਣੇ ਨਾਮ ਵਿਚ ਜੋੜਦਾ ਹੈ,
13362	292	ਜਿਸੁ ਭਾਵੈ ਤਿਸੁ ਖੇਲ ਖਿਲਾਵੈ॥		Jis Bhaavai This Khael Khilaavai ||	He causes whomever He pleases to play in His play.	ਤੇ ਜਿਸ ਨੂੰ ਚਾਹੁੰਦਾ ਹੈ ਮਾਇਆ ਦੀਆਂ ਖੇਡਾਂ ਖਿਡਾਉਂਦਾ ਹੈ।

13363	292	ਬੇਸੁਮਾਰ ਅਥਾਹ ਅਗਨਤ ਅਤੋਲੈ॥	ਅ-ਗਨਤ	Baesumaar Athhaah Aganath Atholai ||	He is beyond calculation, beyond measure, uncountable and unfathomable.	ਹੇ ਬੇਅੰਤ! ਹੇ ਅਥਾਹ! ਹੇ ਅਗਣਤ! ਹੇ ਅਡੋਲ ਪ੍ਰਭੂ!
13364	292	ਜਿਉ ਬੁਲਾਵਹੁ ਤਿਉ ਨਾਨਕ ਦਾਸ ਬੋਲੈ॥੮॥੨੧॥		Jio Bulaavahu Thio Naanak Dhaas Bolai ||8||21||	As You inspire him to speak, O Lord, so does servant Nanak speak. ||8||21||	ਹੇ ਨਾਨਕ (ਇਉਂ ਅਰਦਾਸ ਕਰ ਤੇ ਆਖ) ਜਿਵੇਂ ਤੂੰ ਬੁਲਾਉਂਦਾ ਹੈਂ ਤਿਵੇਂ ਤੇਰੇ ਦਾਸ ਬੋਲਦੇ ਹਨ ॥੮॥੨੧॥
13365	292	ਸਲੋਕੁ॥		Salok ||	Shalok:	
13366	292	ਜੀਅ ਜੰਤ ਕੇ ਠਾਕੁਰਾ ਆਪੇ ਵਰਤਣਹਾਰ॥		Jeea Janth Kae Thaakuraa Aapae Varathanehaar ||	O Lord and Master of all beings and creatures, You Yourself are prevailing everywhere.	ਹੇ ਜੀਆਂ ਜੰਤਾਂ ਦੇ ਪਾਲਣ ਵਾਲੇ ਪ੍ਰਭੂ! ਤੂੰ ਆਪ ਹੀ ਸਭ ਥਾਈਂ ਵਰਤ ਰਿਹਾ ਹੈਂ।
13367	292	ਨਾਨਕ ਏਕੋ ਪਸਰਿਆ ਦੂਜਾ ਕਹ ਦ੍ਰਿਸਟਾਰ॥੧॥		Naanak Eaeko Pasariaa Dhoojaa Keh Dhrisattaar ||1||	O Nanak, The One is All-pervading; where is any other to be seen? ||1||	ਹੇ ਨਾਨਕ! ਪ੍ਰਭੂ ਆਪ ਹੀ ਸਭ ਥਾਈਂ ਮੌਜੂਦ ਹੈ, (ਉਸ ਤੋਂ ਬਿਨਾ ਕੋਈ) ਦੂਜਾ ਕਿਥੇ ਵੇਖਣ ਵਿਚ ਆਇਆ ਹੈ? ॥੧॥
13368	292	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	

13369	292	ਆਪਿ ਕਥੈ ਆਪਿ ਸੁਨਨੈਹਾਰੁ ॥		Aap Kathhai Aap Sunanaihaar ||	He Himself is the speaker, and He Himself is the listener.	(ਸਭ ਜੀਵਾਂ ਵਿਚ) ਪ੍ਰਭੂ ਆਪ ਬੋਲ ਰਿਹਾ ਹੈ ਆਪ ਹੀ ਸੁਣਨ ਵਾਲਾ ਹੈ,
13370	292	ਆਪਹਿ ਏਕੁ ਆਪਿ ਬਿਸਥਾਰੁ॥		Aapehi Eaek Aap Bisathhaar ||	He Himself is the One, and He Himself is the many.	ਆਪ ਹੀ ਇੱਕ ਹੈ (ਸ੍ਰਿਸ਼ਟੀ ਰਚਣ ਤੋਂ ਪਹਿਲਾਂ), ਤੇ ਆਪ ਹੀ (ਜਗਤ ਨੂੰ ਆਪਣੇ ਵਿਚ) ਸਮੇਟ ਲੈਂਦਾ ਹੈ।
13371	292	ਜਾ ਤਿਸੁ ਭਾਵੈ ਤਾ ਸ੍ਰਿਸਟਿ ਉਪਾਏ॥		Jaa This Bhaavai Thaa Srisatt Oupaaeae ||	When it pleases Him, He creates the world.	ਜਦੋਂ ਉਸ ਨੂੰ ਚੰਗਾ ਲੱਗਦਾ ਹੈ ਤਾਂ ਸ੍ਰਿਸ਼ਟੀ ਰਚ ਲੈਂਦਾ ਹੈ,
13372	292	ਆਪਨੈ ਭਾਣੈ ਲਏ ਸਮਾਏ॥		Aapanai Bhaanai Leae Samaaeae ||	As He pleases, He absorbs it back into Himself.	ਜਦੋਂ ਉਸ ਨੂੰ ਚੰਗਾ ਲੱਗਦਾ ਹੈ (ਜਗਤ ਨੂੰ ਆਪਣੇ ਵਿਚ) ਸਮੇਟ ਲੈਂਦਾ ਹੈ।
13373	292	ਤੁਮ ਤੇ ਭਿੰਨ ਨਹੀ ਕਿਛੁ ਹੋਇ॥		Thum Thae Bhinn Nehee Kishh Hoe ||	Without You, nothing can be done.	(ਹੇ ਪ੍ਰਭੂ!) ਤੈਥੋਂ ਵੱਖਰਾ ਕੁਝ ਨਹੀਂ ਹੈ,
13374	292	ਆਪਨ ਸੂਤਿ ਸਭੁ ਜਗਤੁ ਪਰੋਇ॥		Aapan Sooth Sabh Jagath Paroe ||	Upon Your thread, You have strung the whole world.	ਤੂੰ (ਆਪਣੇ ਹੁਕਮ-ਰੂਪ) ਧਾਗੇ ਵਿਚ ਸਾਰੇ ਜਗਤ ਨੂੰ ਪ੍ਰੋ ਰੱਖਿਆ ਹੈ।
13375	292	ਜਾ ਕਉ ਪ੍ਰਭ ਜੀਉ ਆਪਿ ਬੁਝਾਏ॥	ਬੁੱਝਾਏ	Jaa Ko Prabh Jeeo Aap Bujhaaeae ||	One whom God Himself inspires to understand	ਜਿਸ ਮਨੁੱਖ ਨੂੰ ਪ੍ਰਭੂ ਜੀ ਆਪ ਸੂਝ ਬਖ਼ਸ਼ਦੇ ਹਨ,
13376	292	ਸਚੁ ਨਾਮੁ ਸੋਈ ਜਨੁ ਪਾਏ॥		Sach Naam Soee Jan Paaeae ||	- that person obtains the True Name.	ਉਹ ਮਨੁੱਖ ਪ੍ਰਭੂ ਦਾ ਸਦਾ-ਥਿਰ ਰਹਿਣ ਵਾਲਾ ਨਾਮ ਹਾਸਲ ਕਰ ਲੈਂਦਾ ਹੈ।

13377	292	ਸੋ ਸਮਦਰਸੀ ਤਤ ਕਾ ਬੇਤਾ॥		So Samadharasee Thath Kaa Baethaa ||	He looks impartially upon all, and he knows the essential reality.	ਉਹ ਮਨੁੱਖ ਸਭ ਵਲ ਇਕ ਨਜ਼ਰ ਨਾਲ ਤੱਕਦਾ ਹੈ, ਅਕਾਲ ਪੁਰਖ ਦਾ ਮਹਰਮ ਹੋ ਜਾਂਦਾ ਹੈ।
13378	292	ਨਾਨਕ ਸਗਲ ਸ੍ਰਿਸਟਿ ਕਾ ਜੇਤਾ॥੧॥		Naanak Sagal Srisatt Kaa Jaethaa ||1||	O Nanak, he conquers the whole world. ||1||	ਹੇ ਨਾਨਕ! ਉਹ ਸਾਰੇ ਜਗਤ ਦਾ ਜਿੱਤਣ ਵਾਲਾ ਹੈ ॥੧॥
13379	292	ਜੀਅ ਜੰਤ੍ਰ ਸਭ ਤਾ ਕੈ ਹਾਥ॥		Jeea Janthr Sabh Thaa Kai Haathh ||	All beings and creatures are in His Hands.	ਸਾਰੇ ਜੀਵ ਜੰਤ ਉਸ ਪ੍ਰਭੂ ਦੇ ਵੱਸ ਵਿਚ ਹਨ,
13380	292	ਦੀਨ ਦਇਆਲ ਅਨਾਥ ਕੋ ਨਾਥੁ॥	ਦ-ਇਆਲ	Dheen Dhaeiaal Anaathh Ko Naathh ||	He is Merciful to the meek, the Patron of the patronless.	ਉਹ ਦੀਨਾਂ ਤੇ ਦਇਆ ਕਰਨ ਵਾਲਾ ਹੈ, ਤੇ, ਅਨਾਥਾਂ ਦਾ ਮਾਲਿਕ ਹੈ।
13381	292	ਜਿਸੁ ਰਾਖੈ ਤਿਸੁ ਕੋਇ ਨ ਮਾਰੈ॥		Jis Raakhai This Koe N Maarai ||	No one can kill those who are protected by Him.	ਜਿਸ ਜੀਵ ਨੂੰ ਪ੍ਰਭੂ ਆਪ ਰੱਖਦਾ ਹੈ ਉਸ ਨੂੰ ਕੋਈ ਮਾਰ ਨਹੀਂ ਸਕਦਾ।
13382	292	ਸੋ ਮੂਆ ਜਿਸੁ ਮਨਹੁ ਬਿਸਾਰੈ॥		So Mooaa Jis Manahu Bisaarai ||	One who is forgotten by God, is already dead.	ਮੋਇਆ ਹੋਇਆ (ਤਾਂ) ਉਹ ਜੀਵ ਹੈ ਜਿਸ ਨੂੰ ਪ੍ਰਭੂ ਭੁਲਾ ਦੇਂਦਾ ਹੈ।
13383	292	ਤਿਸੁ ਤਜਿ ਅਵਰ ਕਹਾ ਕੋ ਜਾਇ॥		This Thaj Avar Kehaa Ko Jaae ||	Leaving Him, where else could anyone go?	ਉਸ ਪ੍ਰਭੂ ਨੂੰ ਛੱਡ ਕੇ ਹੋਰ ਕਿਥੇ ਕੋਈ ਜਾਏ?
13384	292	ਸਭ ਸਿਰਿ ਏਕੁ ਨਿਰੰਜਨ ਰਾਇ॥		Sabh Sir Eaek Niranjan Raae ||	Over the heads of all is the One, the Immaculate King.	ਸਭ ਜੀਵਾਂ ਦੇ ਸਿਰ ਤੇ ਇਕ ਆਪ ਹੀ ਪ੍ਰਭੂ ਹੈ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ।
13385	292	ਜੀਅ ਕੀ ਜੁਗਤਿ ਜਾ ਕੈ ਸਭ ਹਾਥਿ॥		Jeea Kee Jugath Jaa Kai Sabh Haathh ||	The ways and means of all beings are in His Hands.	ਜਿਸ ਦੇ ਵੱਸ ਵਿਚ ਸਭ ਜੀਵਾਂ ਦੀ ਜ਼ਿੰਦਗੀ ਦਾ ਭੇਤ ਹੈ,

13386	292	ਅੰਤਰਿ ਬਾਹਰਿ ਜਾਨਹੁ ਸਾਥਿ॥		Anthar Baahar Jaanahu Saathh ||	Inwardly and outwardly, know that He is with you.	ਉਸ ਪ੍ਰਭੂ ਨੂੰ ਅੰਦਰ ਬਾਹਰ ਸਭ ਥਾਈਂ ਅੰਗ-ਸੰਗ ਜਾਣਹੁ।
13387	292	ਗੁਨ ਨਿਧਾਨ ਬੇਅੰਤ ਅਪਾਰ॥		Gun Nidhhaan Baeanth Apaar ||	He is the Ocean of excellence, infinite and endless.	ਜੋ ਗੁਣਾਂ ਦਾ ਖ਼ਜ਼ਾਨਾ ਹੈ, ਬੇਅੰਤ ਹੈ ਤੇ ਅਪਾਰ ਹੈ,
13388	292	ਨਾਨਕ ਦਾਸ ਸਦਾ ਬਲਿਹਾਰ॥੨॥		Naanak Dhaas Sadhaa Balihaar ||2||	Slave Nanak is forever a sacrifice to Him. ||2||	ਹੇ ਨਾਨਕ! (ਆਖ, ਪ੍ਰਭੂ ਦੇ) ਸੇਵਕ ਉਸ ਤੋਂ ਸਦਕੇ ਹਨ ॥੨॥
13389	292	ਪੂਰਨ ਪੂਰਿ ਰਹੇ ਦਇਆਲ॥		Pooran Poor Rehae Dhaeiaal ||	The Perfect, Merciful Lord is pervading everywhere.	ਦਇਆ ਦੇ ਘਰ ਪ੍ਰਭੂ ਜੀ ਸਭ ਥਾਈਂ ਭਰਪੂਰ ਹਨ,
13390	292	ਸਭ ਊਪਰਿ ਹੋਵਤ ਕਿਰਪਾਲ॥		Sabh Oopar Hovath Kirapaal ||	His kindness extends to all.	ਤੇ ਸਭ ਜੀਵਾਂ ਤੇ ਮੇਹਰ ਕਰਦੇ ਹਨ।
13391	292	ਅਪਨੇ ਕਰਤਬ ਜਾਨੈ ਆਪਿ॥	ਕਰ-ਤਬ	Apanae Karathab Jaanai Aap ||	He Himself knows His own ways.	ਪ੍ਰਭੂ ਆਪਣੇ ਖੇਲ ਆਪ ਜਾਣਦਾ ਹੈ,
13392	292	ਅੰਤਰਜਾਮੀ ਰਹਿਓ ਬਿਆਪਿ॥		Antharajaamee Rehiou Biaap ||	The Inner-knower, the Searcher of hearts, is present everywhere.	ਸਭ ਦੇ ਦਿਲ ਦੀ ਜਾਣਨ ਵਾਲਾ ਪ੍ਰਭੂ ਸਭ ਥਾਈਂ ਮੌਜੂਦ ਹੈ।
13393	292	ਪ੍ਰਤਿਪਾਲੈ ਜੀਅਨ ਬਹੁ ਭਾਤਿ॥		Prathipaalai Jeean Bahu Bhaath ||	He cherishes His living beings in so many ways.	ਜੀਵਾਂ ਨੂੰ ਕਈ ਤਰੀਕੀਆਂ ਨਾਲ ਪਾਲਦਾ ਹੈ,
13394	292	ਜੋ ਜੋ ਰਚਿਓ ਸੁ ਤਿਸਹਿ ਧਿਆਤਿ॥		Jo Jo Rachiou S Thisehi Dhhiaath ||	That which He has created meditates on Him.	ਜੋ ਜੋ ਜੀਵ ਉਸ ਨੇ ਪੈਦਾ ਕੀਤਾ ਹੈ, ਉਹ ਉਸੇ ਪ੍ਰਭੂ ਨੂੰ ਸਿਮਰਦਾ ਹੈ।

13395	292	ਜਿਸੁ ਭਾਵੈ ਤਿਸੁ ਲਏ ਮਿਲਾਇ॥		Jis Bhaavai This Leae Milaae ||	Whoever pleases Him, He blends into Himself.	ਜਿਸ ਉਤੇ ਤ੍ਰੁੱਠਦਾ ਹੈ ਉਸ ਨੂੰ ਨਾਲ ਜੋੜ ਲੈਂਦਾ ਹੈ,
13396	292	ਭਗਤਿ ਕਰਹਿ ਹਰਿ ਕੇ ਗੁਣ ਗਾਇ॥		Bhagath Karehi Har Kae Gun Gaae ||	They perform His devotional service and sing the Glorious Praises of the Lord.	(ਜਿਨ੍ਹਾਂ ਤੇ ਤ੍ਰੁੱਠਦਾ ਹੈ) ਉਹ ਉਸ ਦੇ ਗੁਣ ਗਾ ਕੇ ਉਸ ਦੀ ਭਗਤੀ ਕਰਦੇ ਹਨ।
13397	292	ਮਨ ਅੰਤਰਿ ਬਿਸ੍ਵਾਸੁ ਕਰਿ ਮਾਨਿਆ॥	ਬਿਸ੍ਵਾਸੁ: ਅੱਧਾ ਵਾਵਾ ਪੋਲਾ ਬੋਲੋ, ਪੂਰਾ ਵਾਵਾ ਭਰਵਾਂ ਬੋਲੀਦਾ ਹੈ	Man Anthar Bisvaas Kar Maaniaa ||	With heart-felt faith, they believe in Him.	ਜਿਸ ਮਨੁੱਖ ਨੇ ਮਨ ਵਿਚ ਸ਼ਰਧਾ ਧਾਰ ਕੇ ਪ੍ਰਭੂ ਨੂੰ (ਸੱਚਮੁਚ ਹੋਂਦ ਵਾਲਾ) ਮੰਨ ਲਿਆ ਹੈ,
13398	292	ਕਰਨਹਾਰੁ ਨਾਨਕ ਇਕੁ ਜਾਨਿਆ॥੩॥		Karanehaar Naanak Eik Jaaniaa ||3||	O Nanak, they realize the One, the Creator Lord. ||3||	ਹੇ ਨਾਨਕ! ਉਸ ਨੇ ਉਸ ਇੱਕ ਕਰਤਾਰ ਨੂੰ ਹੀ ਪਛਾਣਿਆ ਹੈ ॥੩॥
13399	292	ਜਨੁ ਲਾਗਾ ਹਰਿ ਏਕੈ ਨਾਇ॥		Jan Laagaa Har Eaekai Naae ||	The Lord's humble servant is committed to His Name.	(ਜੋ) ਸੇਵਕ ਇਕ ਪ੍ਰਭੂ ਦੇ ਨਾਮ ਵਿਚ ਟਿਕਿਆ ਹੋਇਆ ਹੈ,
13400	292	ਤਿਸ ਕੀ ਆਸ ਨ ਬਿਰਥੀ ਜਾਇ॥		This Kee Aas N Birathhee Jaae ||	His hopes do not go in vain.	ਉਸ ਦੀ ਆਸ ਕਦੇ ਖ਼ਾਲੀ ਨਹੀਂ ਜਾਂਦੀ।
13401	292	ਸੇਵਕ ਕਉ ਸੇਵਾ ਬਨਿ ਆਈ॥		Saevak Ko Saevaa Ban Aaee ||	The servant's purpose is to serve;	ਸੇਵਕ ਨੂੰ ਇਹ ਫੱਬਦਾ ਹੈ ਕਿ ਸਭ ਦੀ ਸੇਵਾ ਕਰੇ।
13402	292	ਹੁਕਮੁ ਬੂਝਿ ਪਰਮਪਦੁ ਪਾਈ॥		Hukam Boojh Param Padh Paaee ||	Obeying the Lord's Command, the supreme status is obtained.	ਪ੍ਰਭੂ ਦੀ ਰਜ਼ਾ ਸਮਝ ਕੇ ਉਸ ਨੂੰ ਉੱਚਾ ਦਰਜਾ ਮਿਲ ਜਾਂਦਾ ਹੈ।

13403	292	ਇਸ ਤੇ ਊਪਰਿ ਨਹੀ ਬੀਚਾਰੁ॥		Eis Thae Oopar Nehee Beechaar ||	Beyond this, he has no other thought.	ਉਹਨਾਂ ਨੂੰ ਇਸ (ਨਾਮ ਸਿਮਰਨ) ਤੋਂ ਵੱਡਾ ਹੋਰ ਕੋਈ ਵਿਚਾਰ ਨਹੀਂ ਸੁੱਝਦਾ;
13404	292	ਜਾ ਕੈ ਮਨਿ ਬਸਿਆ ਨਿਰੰਕਾਰੁ॥		Jaa Kai Man Basiaa Nirankaar ||	Within his mind, the Formless Lord abides.	ਜਿਨ੍ਹਾਂ ਦੇ ਮਨ ਵਿਚ ਅਕਾਲ ਪੁਰਖ ਵੱਸਦਾ ਹੈ।
13405	292	ਬੰਧਨ ਤੋਰਿ ਭਏ ਨਿਰਵੈਰ॥		Bandhhan Thor Bheae Niravair ||	His bonds are cut away, and he becomes free of hatred.	(ਮਾਇਆ ਦੇ) ਬੰਧਨ ਤੋੜ ਕੇ ਉਹ ਨਿਰਵੈਰ ਹੋ ਜਾਂਦੇ ਹਨ,
13406	292	ਅਨ ਦਿਨੁ ਪੂਜਹਿ ਗੁਰ ਕੇ ਪੈਰ॥		Anadhin Poojehi Gur Kae Pair ||	Night and day, he worships the Feet of the Guru.	ਤੇ ਹਰ ਵੇਲੇ ਸਤਿਗੁਰੂ ਦੇ ਚਰਨ ਪੂਜਦੇ ਹਨ।
13407	292	ਇਹ ਲੋਕ ਸੁਖੀਏ ਪਰਲੋਕ ਸੁਹੇਲੇ॥		Eih Lok Sukheeeae Paralok Suhaelae ||	He is at peace in this world, and happy in the next.	ਉਹ ਮਨੁੱਖ ਇਸ ਜਨਮ ਵਿਚ ਸੁਖੀ ਹਨ, ਤੇ ਪਰਲੋਕ ਵਿਚ ਭੀ ਸੌਖੇ ਹੁੰਦੇ ਹਨ,
13408	293	ਨਾਨਕ ਹਰਿ ਪ੍ਰਭਿ ਆਪਹਿ ਮੇਲੇ॥੪॥	ਆਪਹਿ	Naanak Har Prabh Aapehi Maelae ||4||	O Nanak, the Lord God unites him with Himself. ||4||	(ਕਿਉਂਕਿ) ਹੇ ਨਾਨਕ! ਪ੍ਰਭੂ ਨੇ ਆਪ ਉਹਨਾਂ ਨੂੰ (ਆਪਣੇ ਨਾਲ) ਮਿਲਾ ਲਿਆ ਹੈ ॥੪॥
13409	293	ਸਾਧਸੰਗਿ ਮਿਲਿ ਕਰਹੁ ਅਨੰਦ॥		Saadhhasang Mil Karahu Anandh ||	Join the Company of the Holy, and be happy.	ਸਤਸੰਗ ਵਿਚ ਮਿਲ ਕੇ ਇਹ (ਆਤਮਕ) ਅਨੰਦ ਮਾਣਹੁ,
13410	293	ਗੁਨ ਗਾਵਹੁ ਪ੍ਰਭ ਪਰਮਾਨੰਦ॥		Gun Gaavahu Prabh Paramaanandh ||	Sing the Glories of God, the embodiment of supreme bliss.	ਪਰਮ ਖ਼ੁਸ਼ੀਆਂ ਵਾਲੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰੋ।

13411	293	ਰਾਮ ਨਾਮ ਤਤੁ ਕਰਹੁ ਬੀਚਾਰੁ॥		Raam Naam Thath Karahu Beechaar ||	Contemplate the essence of the Lord's Name.	ਪ੍ਰਭੂ ਦੇ ਨਾਮ ਦੇ ਭੇਤ ਨੂੰ ਵਿਚਾਰਹੁ,
13412	293	ਦੁਲਭ ਦੇਹ ਕਾ ਕਰਹੁ ਉਧਾਰੁ॥		Dhraalabh Dhaeh Kaa Karahu Oudhhaar ||	Redeem this human body, so difficult to obtain.	ਤੇ ਇਸ (ਮਨੁੱਖਾ-) ਸਰੀਰ ਦਾ ਬਚਾਉ ਕਰੋ ਜੋ ਬੜੀ ਮੁਸ਼ਕਿਲ ਨਾਲ ਮਿਲਦਾ ਹੈ।
13413	293	ਅੰਮ੍ਰਿਤ ਬਚਨ ਹਰਿ ਕੇ ਗੁਨ ਗਾਉ॥		Anmrith Bachan Har Kae Gun Gaao ||	Sing the Ambrosial Words of the Lord's Glorious Praises;	ਅਕਾਲ ਪੁਰਖ ਦੇ ਗੁਣ ਗਾਉ ਜੋ ਅਮਰ ਕਰਨ ਵਾਲੇ ਬਚਨ ਹਨ,
13414	293	ਪ੍ਰਾਨ ਤਰਨ ਕਾ ਇਹੈ ਸੁਆਉ॥		Praan Tharan Kaa Eihai Suaao ||	This is the way to save your mortal soul.	ਜ਼ਿੰਦਗੀ ਨੂੰ (ਵਿਕਾਰਾਂ ਤੋਂ) ਬਚਾਉਣ ਦਾ ਇਹੀ ਵਸੀਲਾ ਹੈ।
13415	293	ਆਠ ਪਹਰ ਪ੍ਰਭ ਪੇਖਹੁ ਨੇਰਾ॥		Aath Pehar Prabh Paekhahu Naeraa ||	Behold God near at hand, twenty-four hours a day.	ਅੱਠੇ ਪਹਰ ਪ੍ਰਭੂ ਨੂੰ ਆਪਣੇ ਅੰਗ-ਸੰਗ ਵੇਖਹੁ,
13416	293	ਮਿਟੈ ਅਗਿਆਨੁ ਬਿਨਸੈ ਅੰਧੇਰਾ॥		Mittai Agiaan Binasai Andhhaeraa ||	Ignorance shall depart, and darkness shall be dispelled.	(ਇਸ ਤਰ੍ਹਾਂ) ਅਗਿਆਨਤਾ ਮਿਟ ਜਾਏਗੀ ਤੇ (ਮਾਇਆ ਵਾਲਾ) ਹਨੇਰਾ ਨਾਸ ਹੋ ਜਾਏਗਾ।
13417	293	ਸੁਨਿ ਉਪਦੇਸੁ ਹਿਰਦੈ ਬਸਾਵਹੁ॥		Sun Oupadhaes Hiradhai Basaavahu ||	Listen to the Teachings, and enshrine them in your heart.	(ਸਤਿਗੁਰੂ ਦਾ) ਉਪਦੇਸ਼ ਸੁਣ ਕੇ ਹਿਰਦੇ ਵਿਚ ਵਸਾਉ,
13418	293	ਮਨ ਇਛੇ ਨਾਨਕ ਫਲ ਪਾਵਹੁ॥੫॥		Man Eishhae Naanak Fal Paavahu ||5||	O Nanak, you shall obtain the fruits of your mind's desires. ||5||	ਹੇ ਨਾਨਕ! (ਇਸ ਤਰ੍ਹਾਂ) ਮਨ-ਮੰਗੀਆਂ ਮੁਰਾਦਾਂ ਮਿਲਣਗੀਆਂ ॥੫॥

13419	293	ਹਲਤੁ ਪਲਤੁ ਦੁਇ ਲੇਹੁ ਸਵਾਰਿ॥		Halath Palath Dhue Laehu Savaar ||	Embellish both this world and the next;	ਲੋਕ ਤੇ ਪਰਲੋਕ ਦੋਵੇਂ ਸੁਧਾਰ ਲਵੋ,
13420	293	ਰਾਮ ਨਾਮੁ ਅੰਤਰਿ ਉਰਿ ਧਾਰਿ॥		Raam Naam Anthar Our Dhhaar ||	Enshrine the Lord's Name deep within your heart.	ਪ੍ਰਭੂ ਦਾ ਨਾਮ ਅੰਦਰ ਹਿਰਦੇ ਵਿਚ ਟਿਕਾਓ।
13421	293	ਪੂਰੇ ਗੁਰ ਕੀ ਪੂਰੀ ਦੀਖਿਆ॥		Poorae Gur Kee Pooree Dheekhiaa ||	Perfect are the Teachings of the Perfect Guru.	ਪੂਰੇ ਸਤਿਗੁਰੂ ਦੀ ਸਿੱਖਿਆ ਭੀ ਪੂਰਨ (ਭਾਵ, ਮੁਕੰਮਲ) ਹੁੰਦੀ ਹੈ,
13422	293	ਜਿਸੁ ਮਨਿ ਬਸੈ ਤਿਸੁ ਸਾਚੁ ਪਰੀਖਿਆ॥		Jis Man Basai This Saach Pareekhiaa ||	That person, within whose mind it abides, realizes the Truth.	ਜਿਸ ਮਨੁੱਖ ਦੇ ਮਨ ਵਿਚ (ਇਹ ਸਿੱਖਿਆ) ਵੱਸਦੀ ਹੈ ਉਸ ਨੂੰ ਸਦਾ-ਥਿਰ ਰਹਿਣ ਵਾਲਾ ਪ੍ਰਭੂ ਸਮਝ ਆ ਜਾਂਦਾ ਹੈ।
13423	293	ਮਨਿ ਤਨਿ ਨਾਮੁ ਜਪਹੁ ਲਿਵ ਲਾਇ॥		Man Than Naam Japahu Liv Laae ||	With your mind and body, chant the Naam; lovingly attune yourself to it.	ਮਨ ਤੇ ਸਰੀਰ ਦੀ ਰਾਹੀਂ ਲਿਵ ਜੋੜ ਕੇ ਨਾਮ ਜਪਹੁ,
13424	293	ਦੂਖੁ ਦਰਦੁ ਮਨ ਤੇ ਭਉ ਜਾਇ॥		Dhookh Dharadh Man Thae Bho Jaae ||	Sorrow, pain and fear shall depart from your mind.	ਦੁਖ ਦਰਦ ਅਤੇ ਮਨ ਤੋਂ ਡਰ ਦੂਰ ਹੋ ਜਾਏਗਾ।
13425	293	ਸਚੁ ਵਾਪਾਰੁ ਕਰਹੁ ਵਾਪਾਰੀ॥		Sach Vaapaar Karahu Vaapaaree ||	Deal in the true trade, O trader,	ਹੇ ਵਣਜਾਰੇ ਜੀਵ! ਸੱਚਾ ਵਣਜ ਕਰਹੁ,

13426	293	ਦਰਗਹ ਨਿਬਹੈ ਖੇਪ ਤੁਮਾਰੀ॥		Dharageh Nibehai Khaep Thumaaree ||	And your merchandise shall be safe in the Court of the Lord.	(ਨਾਮ ਰੂਪ ਸੱਚੇ ਵਣਜ ਨਾਲ) ਤੁਹਾਡਾ ਸੌਦਾ ਪ੍ਰਭੂ ਦੀ ਦਰਗਾਹ ਵਿਚ ਮੁੱਲ ਪਾਏਗਾ।
13427	293	ਏਕਾ ਟੇਕ ਰਖਹੁ ਮਨ ਮਾਹਿ॥		Eaekaa Ttaek Rakhahu Man Maahi ||	Keep the Support of the One in your mind.	ਮਨ ਵਿਚ ਇਕ ਅਕਾਲ ਪੁਰਖ ਦਾ ਆਸਰਾ ਰੱਖੋ,
13428	293	ਨਾਨਕ ਬਹੁਰਿ ਨ ਆਵਹਿ ਜਾਹਿ॥੬॥		Naanak Bahur N Aavehi Jaahi ||6||	O Nanak, you shall not have to come and go in reincarnation again. ||6||	ਹੇ ਨਾਨਕ! ਮੁੜ ਜੰਮਣ ਮਰਨ ਦਾ ਗੇੜ ਨਹੀਂ ਹੋਵੇਗਾ ॥੬॥
13429	293	ਤਿਸ ਤੇ ਦੂਰਿ ਕਹਾ ਕੋ ਜਾਇ॥		This Thae Dhoor Kehaa Ko Jaae ||	Where can anyone go, to get away from Him?	ਉਸ ਪ੍ਰਭੂ ਤੋਂ ਪਰੇ ਕਿੱਥੇ ਕੋਈ ਜੀਵ ਜਾ ਸਕਦਾ ਹੈ?
13430	293	ਉਬਰੈ ਰਾਖਨਹਾਰੁ ਧਿਆਇ॥		Oubarai Raakhanehaar Dhhiaae ||	Meditating on the Protector Lord, you shall be saved.	ਜੀਵ ਬਚਦਾ ਹੀ ਰੱਖਣਹਾਰ ਪ੍ਰਭੂ ਨੂੰ ਸਿਮਰ ਕੇ ਹੈ।
13431	293	ਨਿਰਭਉ ਜਪੈ ਸਗਲ ਭਉ ਮਿਟੈ॥		Nirabho Japai Sagal Bho Mittai ||	Meditating on the Fearless Lord, all fear departs.	ਜੋ ਮੁਨੱਖ ਨਿਰਭਉ ਅਕਾਲ ਪੁਰਖ ਨੂੰ ਜਪਦਾ ਹੈ, ਉਸ ਦਾ ਸਾਰਾ ਡਰ ਮਿਟ ਜਾਂਦਾ ਹੈ,
13432	293	ਪ੍ਰਭ ਕਿਰਪਾ ਤੇ ਪ੍ਰਾਣੀ ਛੁਟੈ॥		Prabh Kirapaa Thae Praanee Shhuttai ||	By God's Grace, mortals are released.	(ਕਿਉਂਕਿ) ਪ੍ਰਭੂ ਦੀ ਮੇਹਰ ਨਾਲ ਹੀ ਬੰਦਾ (ਡਰ ਤੋਂ) ਖ਼ਲਾਸੀ ਪਾਂਦਾ ਹੈ।
13433	293	ਜਿਸੁ ਪ੍ਰਭੁ ਰਾਖੈ ਤਿਸੁ ਨਾਹੀ ਦੂਖ॥		Jis Prabh Raakhai This Naahee Dhookh ||	One who is protected by God never suffers in pain.	ਜਿਸ ਬੰਦੇ ਨੂੰ ਪ੍ਰਭੂ ਰੱਖਦਾ ਹੈ ਉਸ ਨੂੰ ਕੋਈ ਦੁੱਖ ਨਹੀਂ ਪੋਂਹਦਾ,

13434	293	ਨਾਮੁ ਜਪਤ ਮਨਿ ਹੋਵਤ ਸੂਖ॥		Naam Japath Man Hovath Sookh ||	Chanting the Naam, the mind becomes peaceful.	ਨਾਮ ਜਪਿਆਂ ਮਨ ਵਿਚ ਸੁਖ ਪੈਦਾ ਹੁੰਦਾ ਹੈ।
13435	293	ਚਿੰਤਾ ਜਾਇ ਮਿਟੈ ਅਹੰਕਾਰੁ॥		Chinthaa Jaae Mittai Ahankaar ||	Anxiety departs, and ego is eliminated.	(ਨਾਮ ਸਿਮਰਿਆਂ) ਚਿੰਤਾ ਦੂਰ ਹੋ ਜਾਂਦੀ ਹੈ, ਅਹੰਕਾਰ ਮਿਟ ਜਾਂਦਾ ਹੈ,
13436	293	ਤਿਸੁ ਜਨ ਕਉ ਕੋਇ ਨ ਪਹੁਚਨਹਾਰੁ॥	ਪਹੁਚਨ-ਹਾਰੁ	This Jan Ko Koe N Pahuchanehaar ||	No one can equal that humble servant.	ਉਸ ਮਨੁੱਖ ਦੀ ਕੋਈ ਬਰਾਬਰੀ ਹੀ ਨਹੀਂ ਕਰ ਸਕਦਾ।
13437	293	ਸਿਰ ਊਪਰਿ ਠਾਢਾ ਗੁਰੁ ਸੂਰਾ॥		Sir Oopar Thaadtaa Gur Sooraa ||	The Brave and Powerful Guru stands over his head.	ਜਿਸ ਬੰਦੇ ਦੇ ਸਿਰ ਉਤੇ ਸੂਰਮਾ ਸਤਿਗੁਰੂ (ਰਾਖਾ) ਖਲੋਤਾ ਹੋਇਆ ਹੈ,
13438	293	ਨਾਨਕ ਤਾ ਕੇ ਕਾਰਜ ਪੂਰਾ॥੭॥		Naanak Thaa Kae Kaaraj Pooraa ||7||	O Nanak, his efforts are fulfilled. ||7||	ਹੇ ਨਾਨਕ! ਉਸ ਦੇ ਸਾਰੇ ਕੰਮ ਰਾਸ ਆ ਜਾਂਦੇ ਹਨ ॥੭॥
13439	293	ਮਤਿ ਪੂਰੀ ਅੰਮ੍ਰਿਤੁ ਜਾ ਕੀ ਦ੍ਰਿਸਟਿ॥		Math Pooree Anmrith Jaa Kee Dhrisatt ||	His wisdom is perfect, and His Glance is Ambrosial.	ਜਿਸ ਪ੍ਰਭੂ ਦੀ ਸਮਝ ਪੂਰਨ (infallible, ਅਭੁੱਲ) ਹੈ, ਜਿਸ ਦੀ ਨਜ਼ਰ ਵਿਚੋਂ ਅੰਮ੍ਰਿਤ ਵਰਸਦਾ ਹੈ,
13440	293	ਦਰਸਨੁ ਪੇਖਤ ਉਧਰਤ ਸ੍ਰਿਸਟਿ॥		Dharasan Paekhath Oudhharath Srisatt ||	Beholding His Vision, the universe is saved.	ਉਸ ਦਾ ਦੀਦਾਰ ਕੀਤਿਆਂ ਜਗਤ ਦਾ ਉੱਧਾਰ ਹੁੰਦਾ ਹੈ।
13441	293	ਚਰਨਕਮਲ ਜਾ ਕੇ ਅਨੂਪ॥		Charan Kamal Jaa Kae Anoop ||	His Lotus Feet are incomparably beautiful.	ਜਿਸ ਪ੍ਰਭੂ ਦੇ ਕਮਲਾਂ (ਵਰਗੇ) ਅੱਤ ਸੋਹਣੇ ਚਰਨ ਹਨ,

13442	293	ਸਫਲ ਦਰਸਨੁ ਸੁੰਦਰ ਹਰਿ ਰੂਪ॥		Safal Dharasan Sundhar Har Roop ||	The Blessed Vision of His Darshan is fruitful and rewarding; His Lordly Form is beautiful.	ਉਸ ਦਾ ਰੂਪ ਸੁੰਦਰ ਹੈ, ਤੇ, ਉਸ ਦਾ ਦੀਦਾਰ ਮੁਰਾਦਾਂ ਪੂਰੀਆਂ ਕਰਨ ਵਾਲਾ ਹੈ।
13443	293	ਧੰਨੁ ਸੇਵਾ ਸੇਵਕੁ ਪਰਵਾਨੁ॥		Dhhann Saevaa Saevak Paravaan ||	Blessed is His service; His servant is famous.	ਉਸ ਦਾ ਸੇਵਕ (ਦਰਗਾਹ ਵਿਚ) ਕਬੂਲ ਹੋ ਜਾਂਦਾ ਹੈ (ਤਾਹੀਏਂ) ਉਸ ਦੀ ਸੇਵਾ ਮੁਬਾਰਿਕ ਹੈ,
13444	293	ਅੰਤਰਜਾਮੀ ਪੁਰਖੁ ਪ੍ਰਧਾਨੁ॥		Antharajaamee Purakh Pradhhaan ||	The Inner-knower, the Searcher of hearts, is the most exalted Supreme Being.	ਉਹ ਅਕਾਲ ਪੁਰਖ ਘਟ ਘਟ ਦੀ ਜਾਣਨ ਵਾਲਾ ਤੇ ਸਭ ਤੋਂ ਵੱਡਾ ਹੈ।
13445	293	ਜਿਸੁ ਮਨਿ ਬਸੈ ਸੁ ਹੋਤ ਨਿਹਾਲੁ॥		Jis Man Basai S Hoth Nihaal ||	That one, within whose mind He abides, is blissfully happy.	ਜਿਸ ਮਨੁੱਖ ਦੇ ਹਿਰਦੇ ਵਿਚ (ਐਸਾ ਪ੍ਰਭੂ) ਵੱਸਦਾ ਹੈ ਉਹ (ਫੁੱਲ ਵਾਂਗ) ਖਿੜ ਆਉਂਦਾ ਹੈ,
13446	293	ਤਾ ਕੈ ਨਿਕਟਿ ਨ ਆਵਤ ਕਾਲੁ॥		Thaa Kai Nikatt N Aavath Kaal ||	Death does not draw near him.	ਉਸ ਦੇ ਨੇੜੇ ਕਾਲ (ਭੀ) ਨਹੀਂ ਆਉਂਦਾ (ਭਾਵ, ਮੌਤ ਦਾ ਡਰ ਉਸ ਨੂੰ ਪੋਂਹਦਾ ਨਹੀਂ)।
13447	293	ਅਮਰ ਭਏ ਅਮਰਾਪਦੁ ਪਾਇਆ॥		Amar Bheae Amaraa Padh Paaeiaa ||	One becomes immortal, and obtains the immortal status,	ਉਹ ਮਨੁੱਖ ਜਨਮ ਮਰਨ ਤੋਂ ਰਹਿਤ ਹੋ ਜਾਂਦੇ ਹਨ, ਤੇ ਸਦਾ ਕਾਇਮ ਰਹਿਣ ਵਾਲਾ ਦਰਜਾ ਹਾਸਲ ਕਰ ਲੈਂਦੇ ਹਨ,

13448	293	ਸਾਧਸੰਗਿ ਨਾਨਕ ਹਰਿ ਧਿਆਇਆ॥੮॥੨੨॥		Saadhhasang Naanak Har Dhhiaaeiaa ||8||22||	Meditating on the Lord, O Nanak, in the Company of the Holy. ||8||22||	ਹੇ ਨਾਨਕ! ਜਿਨ੍ਹਾਂ ਨੇ ਸਤਸੰਗ ਵਿਚ ਪ੍ਰਭੂ ਨੂੰ ਸਿਮਰਿਆ ਹੈ ॥੮॥
13449	293	ਸਲੋਕੁ॥		Salok ||	Shalok:	
13450	293	ਗਿਆਨ ਅੰਜਨੁ ਗੁਰਿ ਦੀਆ ਅਗਿਆਨ ਅੰਧੇਰ ਬਿਨਾਸੁ॥		Giaan Anjan Gur Dheeaa Agiaan Andhhaer Binaas ||	The Guru has given the healing ointment of spiritual wisdom, and dispelled the darkness of ignorance.	(ਜਿਸ ਮਨੁੱਖ ਨੂੰ) ਸਤਿਗੁਰੂ ਨੇ ਗਿਆਨ ਦਾ ਸੁਰਮਾ ਬਖ਼ਸ਼ਿਆ ਹੈ, ਉਸ ਦੇ ਅਗਿਆਨ (ਰੂਪ) ਹਨੇਰੇ ਦਾ ਨਾਸ ਹੋ ਜਾਂਦਾ ਹੈ।
13451	293	ਹਰਿ ਕਿਰਪਾ ਤੇ ਸੰਤ ਭੇਟਿਆ ਨਾਨਕ ਮਨਿ ਪਰਗਾਸੁ॥੧॥		Har Kirapaa Thae Santh Bhaettiaa Naanak Man Paragaas ||1||	By the Lord's Grace, I have met the Saint; O Nanak, my mind is enlightened. ||1||	ਹੇ ਨਾਨਕ! (ਜੋ ਮਨੁੱਖ) ਅਕਾਲ ਪੁਰਖ ਦੀ ਮੇਹਰ ਨਾਲ ਗੁਰੂ ਨੂੰ ਮਿਲਿਆ ਹੈ, ਉਸ ਦੇ ਮਨ ਵਿਚ (ਗਿਆਨ ਦਾ) ਚਾਨਣ ਹੋ ਜਾਂਦਾ ਹੈ ॥੧॥
13452	293	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	
13453	293	ਸੰਤਸੰਗਿ ਅੰਤਰਿ ਪ੍ਰਭੁ ਡੀਠਾ॥		Santhasang Anthar Prabh Ddeethaa ||	In the Society of the Saints, I see God deep within my being.	(ਜਿਸ ਮਨੁੱਖ ਨੇ) ਗੁਰੂ ਦੀ ਸੰਗਤਿ ਵਿਚ (ਰਹਿ ਕੇ) ਆਪਣੇ ਅੰਦਰ ਅਕਾਲ ਪੁਰਖ ਨੂੰ ਵੇਖਿਆ ਹੈ,
13454	293	ਨਾਮੁ ਪ੍ਰਭੂ ਕਾ ਲਾਗਾ ਮੀਠਾ॥		Naam Prabhoo Kaa Laagaa Meethaa ||	God's Name is sweet to me.	ਉਸ ਨੂੰ ਪ੍ਰਭੂ ਦਾ ਨਾਮ ਪਿਆਰਾ ਲੱਗਣ ਲੱਗ ਪੈਂਦਾ ਹੈ।

13455	293	ਸਗਲ ਸਮਿਗ੍ਰੀ ਏਕਸੁ ਘਟ ਮਾਹਿ॥	ਸਮਿੱਗ੍ਰੀ	Sagal Samigree Eaekas Ghatt Maahi ||	All things are contained in the Heart of the One,	(ਜਗਤ ਦੇ) ਸਾਰੇ ਪਦਾਰਥ (ਉਸ ਨੂੰ) ਇਕ ਪ੍ਰਭੂ ਵਿਚ ਹੀ (ਲੀਨ ਦਿੱਸਦੇ ਹਨ),
13456	293	ਅਨਿਕ ਰੰਗ ਨਾਨਾ ਦ੍ਰਿਸਟਾਹਿ॥	ਨ੍ਾਨ੍ਾ	Anik Rang Naanaa Dhrisattaahi ||	Although they appear in so many various colors.	(ਉਸ ਪ੍ਰਭੂ ਤੋਂ ਹੀ) ਅਨੇਕਾਂ ਕਿਸਮਾਂ ਦੇ ਰੰਗ ਤਮਾਸ਼ੇ (ਨਿਕਲੇ ਹੋਏ) ਦਿੱਸਦੇ ਹਨ।
13457	293	ਨਉ ਨਿਧਿ ਅੰਮ੍ਰਿਤੁ ਪ੍ਰਭ ਕਾ ਨਾਮੁ॥		No Nidhh Anmrith Prabh Kaa Naam ||	The nine treasures are in the Ambrosial Name of God.	ਪ੍ਰਭੂ ਦਾ ਨਾਮ ਜੋ (ਮਾਨੋ, ਜਗਤ ਦੇ) ਨੌ ਹੀ ਖ਼ਜ਼ਾਨਿਆਂ (ਦੇ ਤੁੱਲ) ਹੈ ਤੇ ਅੰਮ੍ਰਿਤ ਹੈ;
13458	293	ਦੇਹੀ ਮਹਿ ਇਸ ਕਾ ਬਿਸ੍ਰਾਮੁ॥		Dhaehee Mehi Eis Kaa Bisraam ||	Within the human body is its place of rest.	(ਉਸ ਮਨੁੱਖ ਦੇ) ਸਰੀਰ ਵਿਚ ਉਸ ਨਾਮ ਦਾ ਟਿਕਾਣਾ (ਹੋ ਜਾਂਦਾ ਹੈ।)
13459	293	ਸੁੰਨ ਸਮਾਧਿ ਅਨਹਤ ਤਹ ਨਾਦ॥		Sunn Samaadhh Anehath Theh Naadh ||	The Deepest Samaadhi, and the unstruck sound current of the Naad are there.	ਉਸ ਮਨੁੱਖ ਦੇ ਅੰਦਰ ਅਫੁਰ ਸੁਰਤ ਜੁੜੀ ਰਹਿੰਦੀ ਹੈ,
13460	293	ਕਹਨੁ ਨ ਜਾਈ ਅਚਰਜ ਬਿਸਮਾਦ॥	ਅ-ਚਰਜ	Kehan N Jaaee Acharaj Bisamaadh ||	The wonder and marvel of it cannot be described.	ਤੇ, ਅਜੇਹਾ ਅਚਰਜ ਇਕ-ਰਸ ਰਾਗ (-ਰੂਪ ਆਨੰਦ ਬਣਿਆ ਰਹਿੰਦਾ ਹੈ) ਜਿਸ ਦਾ ਬਿਆਨ ਨਹੀਂ ਹੋ ਸਕਦਾ।
13461	293	ਤਿਨਿ ਦੇਖਿਆ ਜਿਸੁ ਆਪਿ ਦਿਖਾਏ॥		Thin Dhaekhiaa Jis Aap Dhikhaaeae ||	He alone sees it, unto whom God Himself reveals it.	(ਪਰ) ਇਹ (ਆਨੰਦ) ਉਸ ਮਨੁੱਖ ਨੇ ਵੇਖਿਆ ਹੈ ਜਿਸ ਨੂੰ ਪ੍ਰਭੂ ਆਪ ਵਿਖਾਉਂਦਾ ਹੈ,

13462	293	ਨਾਨਕ ਤਿਸੁ ਜਨ ਸੋਝੀ ਪਾਏ॥੧॥		Naanak This Jan Sojhee Paaeae ||1||	O Nanak, that humble being understands. ||1||	(ਕਿਉਂਕਿ) ਹੇ ਨਾਨਕ! ਉਸ ਮਨੁੱਖ ਨੂੰ (ਉਸ ਆਨੰਦ ਦੀ) ਸਮਝ ਬਖ਼ਸ਼ਦਾ ਹੈ ॥੧॥
13463	293	ਸੋ ਅੰਤਰਿ ਸੋ ਬਾਹਰਿ ਅਨੰਤ॥		So Anthar So Baahar Ananth ||	The Infinite Lord is inside, and outside as well.	ਉਹ ਬੇਅੰਤ ਭਗਵਾਨ ਅੰਦਰ ਬਾਹਰ (ਸਭ ਥਾਈਂ)
13464	293	ਘਟਿ ਘਟਿ ਬਿਆਪਿ ਰਹਿਆ ਭਗਵੰਤ॥		Ghatt Ghatt Biaap Rehiaa Bhagavanth ||	Deep within each and every heart, the Lord God is pervading.	ਹਰੇਕ ਸਰੀਰ ਵਿਚ ਮੌਜੂਦ ਹੈ।
13465	293	ਧਰਨਿ ਮਾਹਿ ਆਕਾਸ ਪਇਆਲ॥	ਪ-ਇਆਲ	Dhharan Maahi Aakaas Paeiaal ||	In the earth, in the Akaashic ethers, and in the nether regions of the underworld	ਧਰਤੀ ਅਕਾਸ਼ ਤੇ ਪਤਾਲ ਵਿਚ ਹੈ,
13466	293	ਸਰਬ ਲੋਕ ਪੂਰਨ ਪ੍ਰਤਿਪਾਲ॥		Sarab Lok Pooran Prathipaal ||	In all worlds, He is the Perfect Cherisher.	ਸਾਰੇ ਭਵਨਾਂ ਵਿਚ ਮੌਜੂਦ ਹੈ ਤੇ ਸਭ ਦੀ ਪਾਲਨਾ ਕਰਦਾ ਹੈ;
13467	294	ਬਨਿ ਤਿਨਿ ਪਰਬਤਿ ਹੈ ਪਾਰਬ੍ਰਹਮੁ॥		Ban Thin Parabath Hai Paarabreham ||	In the forests, fields and mountains, He is the Supreme Lord God.	ਉਹ ਪਾਰਬ੍ਰਹਮ ਜੰਗਲ ਵਿਚ ਹੈ, ਘਾਹ (ਆਦਿਕ) ਵਿਚ ਹੈ ਤੇ ਪਰਬਤ ਵਿਚ ਹੈ;
13468	294	ਜੈਸੀ ਆਗਿਆ ਤੈਸਾ ਕਰਮੁ॥		Jaisee Aagiaa Thaisaa Karam ||	As He orders, so do His creatures act.	ਜਿਹੋ ਜਿਹਾ ਉਹ ਹੁਕਮ (ਕਰਦਾ ਹੈ), ਉਹੋ ਜਿਹਾ (ਜੀਵ) ਕੰਮ ਕਰਦਾ ਹੈ;
13469	294	ਪਉਣ ਪਾਣੀ ਬੈਸੰਤਰ ਮਾਹਿ॥		Poun Paanee Baisanthar Maahi ||	He permeates the winds and the waters.	ਪਉਣ ਵਿਚ, ਪਾਣੀ ਵਿਚ, ਅੱਗ ਵਿਚ,

13470	294	ਚਾਰਿ ਕੁੰਟ ਦਹ ਦਿਸੇ ਸਮਾਹਿ॥	ਦਿਸੇ: ਪੋਲਾ ਬੋਲੋ	Chaar Kuntt Dheh Dhisae Samaahi ||	He is pervading in the four corners and in the ten directions.	ਚਹੁੰ ਕੂਟਾਂ ਵਿਚ ਦਸੀਂ ਪਾਸੀਂ (ਸਭ ਥਾਈਂ) ਸਮਾਇਆ ਹੋਇਆ ਹੈ।
13471	294	ਤਿਸ ਤੇ ਭਿੰਨ ਨਹੀ ਕੋ ਠਾਉ॥		This Thae Bhinn Nehee Ko Thaao ||	Without Him, there is no place at all.	ਕੋਈ (ਭੀ) ਥਾਂ ਉਸ ਪ੍ਰਭੂ ਤੋਂ ਵੱਖਰਾ ਨਹੀਂ ਹੈ;
13472	294	ਗੁਰ ਪ੍ਰਸਾਦਿ ਨਾਨਕ ਸੁਖੁ ਪਾਉ॥੨॥		Gur Prasaadh Naanak Sukh Paao ||2||	By Guru's Grace, O Nanak, peace is obtained. ||2||	(ਪਰ) ਹੇ ਨਾਨਕ! (ਇਸ ਨਿਸਚੇ ਦਾ) ਆਨੰਦ ਗੁਰੂ ਦੀ ਕਿਰਪਾ ਨਾਲ ਮਿਲਦਾ ਹੈ ॥੨॥
13473	294	ਬੇਦ ਪੁਰਾਨ ਸਿੰਮ੍ਰਿਤਿ ਮਹਿ ਦੇਖੁ॥	ਸਿੰਮ-ਿ੍ਰਤਿ	Baedh Puraan Sinmrith Mehi Dhaekh ||	See Him in the Vedas, the Puraanas and the Simritees.	ਵੇਦਾਂ ਵਿਚ, ਪੁਰਾਣਾਂ ਵਿਚ, ਸਿਮ੍ਰਿਤਿਆਂ ਵਿਚ (ਓਸੇ ਪ੍ਰਭੂ ਨੂੰ) ਤੱਕੋ;
13474	294	ਸਸੀਅਰ ਸੂਰ ਨਖ੍ਯਤ੍ਰ ਮਹਿ ਏਕੁ॥	ਨਖਿਅੱਤ੍ਰ	Saseear Soor Nakhyathr Mehi Eaek ||	In the moon, the sun and the stars, He is the One.	ਚੰਦ੍ਰਮਾ, ਸੂਰਜ, ਤਾਰਿਆਂ ਵਿਚ ਭੀ ਇਕ ਉਹੀ ਹੈ;
13475	294	ਬਾਣੀ ਪ੍ਰਭ ਕੀ ਸਭੁ ਕੋ ਬੋਲੈ॥		Baanee Prabh Kee Sabh Ko Bolai ||	The Bani of God's Word is spoken by everyone.	ਹਰੇਕ ਜੀਵ ਅਕਾਲ ਪੁਰਖ ਦੀ ਹੀ ਬੋਲੀ ਬੋਲਦਾ ਹੈ;
13476	294	ਆਪਿ ਡੋਲੁ ਨ ਕਬਹੂ ਡੋਲੈ॥		Aap Addol N Kabehoo Ddolai ||	He Himself is unwavering - He never wavers.	(ਪਰ ਸਭ ਵਿਚ ਹੁੰਦਿਆਂ ਭੀ) ਉਹ ਆਪ ਅਡੋਲ ਹੈ ਕਦੇ ਡੋਲਦਾ ਨਹੀਂ।
13477	294	ਸਰਬ ਕਲਾ ਕਰਿ ਖੇਲੈ ਖੇਲ॥		Sarab Kalaa Kar Khaelai Khael ||	With absolute power, He plays His play.	ਸਾਰੀਆਂ ਤਾਕਤਾਂ ਰਚ ਕੇ (ਜਗਤ ਦੀਆਂ) ਖੇਡਾਂ ਖੇਡ ਰਿਹਾ ਹੈ,

13478	294	ਮੋਲਿ ਨ ਪਾਈਐ ਗੁਣਹ ਅਮੋਲ॥		Mol N Paaeeai Guneh Amol ||	His value cannot be estimated; His virtues are invaluable.	(ਪਰ ਉਹ) ਕਿਸੇ ਮੁੱਲ ਤੋਂ ਨਹੀਂ ਮਿਲਦਾ (ਕਿਉਂਕਿ) ਅਮੋਲਕ ਗੁਣਾਂ ਵਾਲਾ ਹੈ;
13479	294	ਸਰਬ ਜੋਤਿ ਮਹਿ ਜਾ ਕੀ ਜੋਤਿ॥		Sarab Joth Mehi Jaa Kee Joth ||	In all light, is His Light.	ਜਿਸ ਪ੍ਰਭੂ ਦੀ ਜੋਤਿ ਸਾਰੀਆਂ ਜੋਤਾਂ ਵਿਚ (ਜਗ ਰਹੀ ਹੈ),
13480	294	ਧਾਰਿ ਰਹਿਓ ਸੁਆਮੀ ਓਤਿ ਪੋਤਿ॥		Dhhaar Rehiou Suaamee Outh Poth ||	The Lord and Master supports the weave of the fabric of the universe.	ਉਹ ਮਾਲਕ ਤਾਣੇ ਪੇਟੇ ਵਾਂਗ (ਸਭ ਨੂੰ) ਆਸਰਾ ਦੇ ਰਿਹਾ ਹੈ;
13481	294	ਗੁਰ ਪਰਸਾਦਿ ਭਰਮ ਕਾ ਨਾਸੁ॥		Gur Parasaadh Bharam Kaa Naas ||	By Guru's Grace, doubt is dispelled.	(ਪਰ) ਜਿਨ੍ਹਾਂ ਮਨੁੱਖਾਂ ਦਾ ਭਰਮ ਗੁਰੂ ਦੀ ਕਿਰਪਾ ਨਾਲ ਮਿਟ ਜਾਂਦਾ ਹੈ,
13482	294	ਨਾਨਕ ਤਿਨ ਮਹਿ ਏਹੁ ਬਿਸਾਸੁ॥੩॥		Naanak Thin Mehi Eaehu Bisaas ||3||	O Nanak, this faith is firmly implanted within. ||3||	ਹੇ ਨਾਨਕ! (ਅਕਾਲ ਪੁਰਖ ਦੀ ਇਸ ਸਰਬ-ਵਿਆਪਕ ਹਸਤੀ ਦਾ) ਇਹ ਯਕੀਨ ਉਹਨਾਂ ਦੇ ਅੰਦਰ ਬਣਦਾ ਹੈ ॥੩॥
13483	294	ਸੰਤ ਜਨਾ ਕਾ ਪੇਖਨੁ ਸਭੁ ਬ੍ਰਹਮ॥		Santh Janaa Kaa Paekhan Sabh Breham ||	In the eye of the Saint, everything is God.	ਸੰਤ ਜਨ ਹਰ ਥਾਂ ਅਕਾਲ ਪੁਰਖ ਨੂੰ ਹੀ ਵੇਖਦੇ ਹਨ,
13484	294	ਸੰਤ ਜਨਾ ਕੈ ਹਿਰਦੈ ਸਭਿ ਧਰਮ॥		Santh Janaa Kai Hiradhai Sabh Dhharam ||	In the heart of the Saint, everything is Dharma.	ਉਹਨਾਂ ਦੇ ਹਿਰਦੇ ਵਿਚ ਸਾਰੇ (ਖ਼ਿਆਲ) ਧਰਮ ਦੇ ਹੀ (ਉਠਦੇ ਹਨ)।
13485	294	ਸੰਤ ਜਨਾ ਸੁਨਹਿ ਸੁਭ ਬਚਨ॥		Santh Janaa Sunehi Subh Bachan ||	The Saint hears words of goodness.	ਸੰਤ ਜਨ ਭਲੇ ਬਚਨ ਹੀ ਸੁਣਦੇ ਹਨ,

13486	294	ਸਰਬ ਬਿਆਪੀ ਰਾਮ ਸੰਗਿ ਰਚਨ॥		Sarab Biaapee Raam Sang Rachan ||	He is absorbed in the All-pervading Lord.	ਤੇ ਸਭ ਥਾਈਂ ਵਿਆਪਕ ਅਕਾਲ ਪੁਰਖ ਨਾਲ ਜੁੜੇ ਰਹਿੰਦੇ ਹਨ।
13487	294	ਜਿਨਿ ਜਾਤਾ ਤਿਸ ਕੀ ਇਹ ਰਹਤ॥		Jin Jaathaa This Kee Eih Rehath ||	This is the way of life of one who knows God.	ਜਿਸ ਜਿਸ ਸੰਤ ਜਨ ਨੇ (ਪ੍ਰਭੂ ਨੂੰ) ਜਾਣ ਲਿਆ ਹੈ ਉਸ ਦੀ ਰਹਿਣੀ ਹੀ ਇਹ ਹੋ ਜਾਂਦੀ ਹੈ,
13488	294	ਸਤਿ ਬਚਨ ਸਾਧੂ ਸਭਿ ਕਹਤ॥		Sath Bachan Saadhhoo Sabh Kehath ||	True are all the words spoken by the Holy.	ਕਿ ਉਹ ਸਦਾ ਸੱਚੇ ਬਚਨ ਬੋਲਦਾ ਹੈ;
13489	294	ਜੋ ਜੋ ਹੋਇ ਸੋਈ ਸੁਖੁ ਮਾਨੈ॥		Jo Jo Hoe Soee Sukh Maanai ||	Whatever happens, he peacefully accepts.	(ਤੇ) ਜੋ ਕੁਝ (ਪ੍ਰਭੂ ਵਲੋਂ) ਹੁੰਦਾ ਹੈ ਉਸੇ ਨੂੰ ਸੁਖ ਮੰਨਦਾ ਹੈ,
13490	294	ਕਰਨ ਕਰਾਵਨਹਾਰੁ ਪ੍ਰਭੁ ਜਾਨੈ॥		Karan Karaavanehaar Prabh Jaanai ||	He knows God as the Doer, the Cause of causes.	ਸਭ ਕੰਮ ਕਰਨ ਵਾਲਾ ਤੇ (ਜੀਆਂ ਪਾਸੋਂ) ਕਰਾਉਣ ਵਾਲਾ ਪ੍ਰਭੂ ਨੂੰ ਹੀ ਜਾਣਦਾ ਹੈ।
13491	294	ਅੰਤਰਿ ਬਸੇ ਬਾਹਰਿ ਭੀ ਓਹੀ॥		Anthar Basae Baahar Bhee Ouhee ||	He dwells inside, and outside as well.	(ਸਾਧੂ ਜਨਾਂ ਲਈ) ਅੰਦਰ ਬਾਹਰ (ਸਭ ਥਾਂ) ਉਹੀ ਪ੍ਰਭੂ ਵੱਸਦਾ ਹੈ।
13492	294	ਨਾਨਕ ਦਰਸਨੁ ਦੇਖਿ ਸਭ ਮੋਹੀ॥੪॥		Naanak Dharasan Dhaekh Sabh Mohee ||4||	O Nanak, beholding the Blessed Vision of His Darshan, all are fascinated. ||4||	ਹੇ ਨਾਨਕ! (ਪ੍ਰਭੂ ਦਾ ਸਰਬ-ਵਿਆਪੀ) ਦਰਸਨ ਕਰ ਕੇ ਸਾਰੀ ਸ੍ਰਿਸ਼ਟੀ ਮਸਤ ਹੋ ਜਾਂਦੀ ਹੈ ॥੪॥
13493	294	ਆਪਿ ਸਤਿ ਕੀਆ ਸਭੁ ਸਤਿ॥		Aap Sath Keeaa Sabh Sath ||	He Himself is True, and all that He has made is True.	ਪ੍ਰਭੂ ਆਪ ਹਸਤੀ ਵਾਲਾ ਹੈ, ਜੋ ਕੁਝ ਉਸ ਨੇ ਪੈਦਾ ਕੀਤਾ ਹੈ ਉਹ ਸਭ ਹੋਂਦ ਵਾਲਾ ਹੈ (ਭਾਵ, ਭਰਮ ਭੁਲੇਖਾ ਨਹੀਂ।)

13494	294	ਤਿਸੁ ਪ੍ਰਭ ਤੇ ਸਗਲੀ ਉਤਪਤਿ॥		This Prabh Thae Sagalee Outhapath ||	The entire creation came from God.	ਸਾਰੀ ਸ੍ਰਿਸ਼ਟੀ ਉਸ ਪ੍ਰਭੂ ਤੋਂ ਹੋਈ ਹੈ।
13495	294	ਤਿਸੁ ਭਾਵੈ ਤਾ ਕਰੇ ਬਿਸਥਾਰੁ॥		This Bhaavai Thaa Karae Bisathhaar ||	As it pleases Him, He creates the expanse.	ਜੇ ਉਸ ਦੀ ਰਜ਼ਾ ਹੋਵੇ ਤਾਂ ਜਗਤ ਦਾ ਪਸਾਰਾ ਕਰ ਦੇਂਦਾ ਹੈ,
13496	294	ਤਿਸੁ ਭਾਵੈ ਤਾ ਏਕੰਕਾਰੁ॥		This Bhaavai Thaa Eaekankaar ||	As it pleases Him, He becomes the One and Only again.	ਜੇ ਭਾਵੇ ਸੁ, ਤਾਂ ਫਿਰ ਇਕ ਆਪ ਹੀ ਆਪ ਹੋ ਜਾਂਦਾ ਹੈ।
13497	294	ਅਨਿਕ ਕਲਾ ਲਖੀ ਨਹ ਜਾਇ॥		Anik Kalaa Lakhee Neh Jaae ||	His powers are so numerous, they cannot be known.	ਉਸ ਦੀਆਂ ਅਨੇਕਾਂ ਤਾਕਤਾਂ ਹਨ, ਕਿਸੇ ਦਾ ਬਿਆਨ ਨਹੀਂ ਹੋ ਸਕਦਾ;
13498	294	ਜਿਸੁ ਭਾਵੈ ਤਿਸੁ ਲਏ ਮਿਲਾਇ॥		Jis Bhaavai This Leae Milaae ||	As it pleases Him, He merges us into Himself again.	ਜਿਸ ਉਤੇ ਤੁੱਠਦਾ ਹੈ ਉਸ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ।
13499	294	ਕਵਨ ਨਿਕਟਿ ਕਵਨ ਕਹੀਐ ਦੂਰਿ॥		Kavan Nikatt Kavan Keheeai Dhoor ||	Who is near, and who is far away?	ਉਹ ਪ੍ਰਭੂ ਕਿਨ੍ਹਾਂ ਤੋਂ ਨੇੜੇ, ਤੇ ਕਿਨ੍ਹਾਂ ਤੋਂ ਦੂਰ ਕਿਹਾ ਜਾ ਸਕਦਾ ਹੈ?
13500	294	ਆਪੇ ਆਪਿ ਆਪ ਭਰਪੂਰਿ॥		Aapae Aap Aap Bharapoor ||	He Himself is Himself pervading everywhere.	ਉਹ ਪ੍ਰਭੂ ਆਪ ਹੀ ਸਭ ਥਾਈਂ ਮੌਜੂਦ ਹੈ।
13501	294	ਅੰਤਰਗਤਿ ਜਿਸੁ ਆਪਿ ਜਨਾਏ॥		Antharagath Jis Aap Janaaeae ||	One whom God causes to know that He is within the heart	ਜਿਸ ਮਨੁੱਖ ਨੂੰ ਪ੍ਰਭੂ ਆਪ ਅੰਦਰਲੀ ਉੱਚੀ ਅਵਸਥਾ ਸੁਝਾਉਂਦਾ ਹੈ,
13502	294	ਨਾਨਕ ਤਿਸੁ ਜਨ ਆਪਿ ਬੁਝਾਏ॥੫॥	ਬੁੱਝਾਏ	Naanak This Jan Aap Bujhaaeae ||5||	- O Nanak, He causes that person to understand Him. ||5||	ਹੇ ਨਾਨਕ! ਉਸ ਮਨੁੱਖ ਨੂੰ (ਆਪਣੀ ਇਸ ਸਰਬ-ਵਿਆਪਕ ਦੀ) ਸਮਝ ਬਖ਼ਸ਼ਦਾ ਹੈ ॥੫॥

13503	294	ਸਰਬ ਭੂਤ ਆਪਿ ਵਰਤਾਰਾ॥		Sarab Bhooth Aap Varathaaraa ||	In all forms, He Himself is pervading.	ਸਾਰੇ ਜੀਵਾਂ ਵਿਚ ਪ੍ਰਭੂ ਆਪ ਹੀ ਵਰਤ ਰਿਹਾ ਹੈ,
13504	294	ਸਰਬ ਨੈਨ ਆਪਿ ਪੇਖਨਹਾਰਾ॥		Sarab Nain Aap Paekhanehaaraa ||	Through all eyes, He Himself is watching.	(ਉਹਨਾਂ ਜੀਵਾਂ ਦੀਆਂ) ਸਾਰੀਆਂ ਅੱਖਾਂ ਵਿਚੋਂ ਦੀ ਪ੍ਰਭੂ ਆਪ ਹੀ ਵੇਖ ਰਿਹਾ ਹੈ।
13505	294	ਸਗਲ ਸਮਗ੍ਰੀ ਜਾ ਕਾ ਤਨਾ॥	ਸਮੱਗ੍ਰੀ	Sagal Samagree Jaa Kaa Thanaa ||	All the creation is His Body.	(ਜਗਤ ਦੇ) ਸਾਰੇ ਪਦਾਰਥ ਜਿਸ ਪ੍ਰਭੂ ਦਾ ਸਰੀਰ ਹਨ,
13506	294	ਆਪਨ ਜਸੁ ਆਪ ਹੀ ਸੁਨਾ॥		Aapan Jas Aap Hee Sunaa ||	He Himself listens to His Own Praise.	(ਸਭ ਵਿਚ ਵਿਆਪਕ ਹੋ ਕੇ) ਉਹ ਆਪਣੀ ਸੋਭਾ ਆਪ ਹੀ ਸੁਣ ਰਿਹਾ ਹੈ।
13507	294	ਆਵਨ ਜਾਨੁ ਇਕੁ ਖੇਲੁ ਬਨਾਇਆ॥		Aavan Jaan Eik Khael Banaaeiaa ||	The One has created the drama of coming and going.	(ਜੀਵਾਂ ਦਾ) ਜੰਮਣਾ ਮਰਨਾ ਪ੍ਰਭੂ ਨੇ ਇਕ ਖੇਡ ਬਣਾਈ ਹੈ,
13508	294	ਆਗਿਆਕਾਰੀ ਕੀਨੀ ਮਾਇਆ॥		Aagiaakaaree Keenee Maaeiaa ||	He made Maya subservient to His Will.	ਤੇ ਆਪਣੇ ਹੁਕਮ ਵਿਚ ਤੁਰਨ ਵਾਲੀ ਮਾਇਆ ਬਣਾ ਦਿੱਤੀ ਹੈ।
13509	294	ਸਭ ਕੈ ਮਧਿ ਅਲਿਪਤੋ ਰਹੈ॥	ਅ-ਲਿਪਤੋ: ਪੋਲਾ ਬੋਲੋ	Sabh Kai Madhh Alipatho Rehai ||	In the midst of all, He remains unattached.	ਉਹ ਸਭਨਾਂ ਵਿਚ ਵਿਆਪਕ ਹੈ ਪਰ ਫਿਰ ਵੀ ਸਭਨਾਂ ਤੋਂ ਨਿਰਲੇਪ ਰਹਿੰਦਾ ਹੈ।
13510	294	ਜੋ ਕਿਛੁ ਕਹਣਾ ਸੁ ਆਪੇ ਕਹੈ॥		Jo Kishh Kehanaa S Aapae Kehai ||	Whatever is said, He Himself says.	ਉਸ ਨੇ ਜੋ ਕਹਿਣਾ ਹੁੰਦਾ ਹੈ, ਆਪ ਹੀ ਕਹਿ ਦਿੰਦਾ ਹੈ।
13511	294	ਆਗਿਆ ਆਵੈ ਆਗਿਆ ਜਾਇ॥		Aagiaa Aavai Aagiaa Jaae ||	By His Will we come, and by His Will we go.	(ਜੀਵ) ਅਕਾਲ ਪੁਰਖ ਦੇ ਹੁਕਮ ਵਿਚ ਜੰਮਦਾ ਹੈ ਤੇ ਹੁਕਮ ਵਿਚ ਮਰਦਾ ਹੈ,

13512	294	ਨਾਨਕ ਜਾ ਭਾਵੈ ਤਾ ਲਏ ਸਮਾਇ॥੬॥		Naanak Jaa Bhaavai Thaa Leae Samaae ||6||	O Nanak, when it pleases Him, then He absorbs us into Himself. ||6||	ਹੇ ਨਾਨਕ! ਜਦੋਂ ਉਸ ਦੀ ਰਜ਼ਾ ਹੁੰਦੀ ਹੈ ਤਾਂ ਉਹਨਾਂ ਨੂੰ ਆਪਣੇ ਵਿਚ ਲੀਨ ਕਰ ਲੈਂਦਾ ਹੈ ॥੬॥
13513	294	ਇਸ ਤੇ ਹੋਇ ਸੁ ਨਾਹੀ ਬੁਰਾ॥		Eis Thae Hoe S Naahee Buraa ||	If it comes from Him, it cannot be bad.	ਜੋ ਕੁਝ ਪ੍ਰਭੂ ਵਲੋਂ ਹੁੰਦਾ ਹੈ (ਜੀਆਂ ਲਈ) ਮਾੜਾ ਨਹੀਂ ਹੁੰਦਾ;
13514	294	ਓਰੈ ਕਹਹੁ ਕਿਨੈ ਕਛੁ ਕਰਾ॥	ਕਹ-ਹੁ	Ourai Kehahu Kinai Kashh Karaa ||	Other than Him, who can do anything?	ਤੇ ਪ੍ਰਭੂ ਤੋਂ ਬਿਨਾ ਦੱਸੋ ਕਿਸੇ ਨੇ ਕੁਝ ਕਰ ਦਿਖਾਇਆ ਹੈ?
13515	294	ਆਪਿ ਭਲਾ ਕਰਤੂਤਿ ਅਤਿ ਨੀਕੀ॥		Aap Bhalaa Karathooth Ath Neekee ||	He Himself is good; His actions are the very best.	ਪ੍ਰਭੂ ਆਪ ਚੰਗਾ ਹੈ, ਉਸ ਦਾ ਕੰਮ ਭੀ ਚੰਗਾ ਹੈ,
13516	294	ਆਪੇ ਜਾਨੈ ਅਪਨੇ ਜੀ ਕੀ॥		Aapae Jaanai Apanae Jee Kee ||	He Himself knows His Own Being.	ਆਪਣੇ ਦਿਲ ਦੀ ਗੱਲ ਉਹ ਆਪ ਹੀ ਜਾਣਦਾ ਹੈ।
13517	294	ਆਪਿ ਸਾਚੁ ਧਾਰੀ ਸਭ ਸਾਚੁ॥		Aap Saach Dhhaaree Sabh Saach ||	He Himself is True, and all that He has established is True.	ਆਪ ਹਸਤੀ ਵਾਲਾ ਹੈ, ਸਾਰੀ ਰਚਨਾ ਜੋ ਉਸ ਦੇ ਆਸਰੇ ਹੈ,
13518	294	ਓਤਿ ਪੋਤਿ ਆਪਨ ਸੰਗਿ ਰਾਚੁ॥		Outh Poth Aapan Sang Raach ||	Through and through, He is blended with His creation.	ਉਹ ਭੀ ਹੋਂਦ ਵਾਲੀ ਹੈ (ਭਰਮ ਨਹੀਂ), ਤਾਣੇ ਪੇਟੇ ਵਾਂਗ ਉਸ ਨੇ ਆਪਣੇ ਨਾਲ ਮਿਲਾਈ ਹੋਈ ਹੈ।

13519	294	ਤਾ ਕੀ ਗਤਿ ਮਿਤਿ ਕਹੀ ਨ ਜਾਇ॥		Thaa Kee Gath Mith Kehee N Jaae ||	His state and extent cannot be described.	ਉਹ ਪ੍ਰਭੂ ਕਿਹੋ ਜਿਹਾ ਹੈ ਤੇ ਕੇਡਾ ਵੱਡਾ ਹੈ-ਇਹ ਗੱਲ ਬਿਆਨ ਨਹੀਂ ਹੋ ਸਕਦੀ,
13520	294	ਦੂਸਰ ਹੋਇ ਤ ਸੋਝੀ ਪਾਇ॥		Dhoosar Hoe Th Sojhee Paae ||	If there were another like Him, then only he could understand Him.	ਕੋਈ ਦੂਜਾ (ਵੱਖਰਾ) ਹੋਵੇ ਤਾਂ ਸਮਝ ਸਕੇ।
13521	294	ਤਿਸ ਕਾ ਕੀਆ ਸਭੁ ਪਰਵਾਨੁ॥		This Kaa Keeaa Sabh Paravaan ||	His actions are all approved and accepted.	ਪ੍ਰਭੂ ਦਾ ਕੀਤਾ ਹੋਇਆ ਸਭ ਕੁਝ (ਜੀਵਾਂ ਨੂੰ) ਸਿਰ ਮੱਥੇ ਮੰਨਣਾ ਪੈਂਦਾ ਹੈ,
13522	294	ਗੁਰ ਪ੍ਰਸਾਦਿ ਨਾਨਕ ਇਹੁ ਜਾਨੁ॥੭॥		Gur Prasaadh Naanak Eihu Jaan ||7||	By Guru's Grace, O Nanak, this is known. ||7||	(ਪਰ) ਹੇ ਨਾਨਕ! ਇਹ ਪਛਾਣ ਗੁਰੂ ਦੀ ਕਿਰਪਾ ਨਾਲ ਆਉਂਦੀ ਹੈ ॥੭॥
13523	294	ਜੋ ਜਾਨੈ ਤਿਸੁ ਸਦਾ ਸੁਖੁ ਹੋਇ॥		Jo Jaanai This Sadhaa Sukh Hoe ||	One who knows Him, obtains everlasting peace.	ਜੋ ਮਨੁੱਖ ਪ੍ਰਭੂ ਨਾਲ ਸਾਂਝ ਪਾ ਲੈਂਦਾ ਹੈ ਉਸ ਨੂੰ ਸਦਾ ਸੁਖ ਹੁੰਦਾ ਹੈ,
13524	294	ਆਪਿ ਮਿਲਾਇ ਲਏ ਪ੍ਰਭੁ ਸੋਇ॥	ਪ੍ਰਭੁ ਜੀ ਦੀ (ਸੋਇ) ਸੋਭਾ ਸਹਿਤ, ਉਹ ਮਹਾਂਪੁਰਖ ਪ੍ਰਭੁ ਜੀ ਹਨ	Aap Milaae Leae Prabh Soe ||	God blends that one into Himself.	ਪ੍ਰਭੂ ਉਸ ਨੂੰ ਆਪਣੇ ਨਾਲ ਆਪ ਮਿਲਾ ਲੈਂਦਾ ਹੈ।
13525	294	ਓਹੁ ਧਨਵੰਤੁ ਕੁਲਵੰਤੁ ਪਤਿਵੰਤੁ॥		Ouhu Dhhanavanth Kulavanth Pathivanth ||	He is wealth and prosperous, and of noble birth.	ਉਹ ਮਨੁੱਖ ਜੀਊਂਦਾ ਹੀ ਮੁਕਤ ਹੋ ਜਾਂਦਾ ਹੈ, ਉਹ ਧਨ ਵਾਲਾ, ਕੁਲ ਵਾਲਾ ਤੇ ਇੱਜ਼ਤ ਵਾਲਾ ਬਣ ਜਾਂਦਾ ਹੈ,

13526	294	ਜੀਵਨ ਮੁਕਤਿ ਜਿਸੁ ਰਿਦੈ ਭਗਵੰਤੁ॥		Jeevan Mukath Jis Ridhai Bhagavanth ||	He is Jivan Mukta - liberated while yet alive; the Lord God abides in his heart.	ਜਿਸ ਮਨੁੱਖ ਦੇ ਹਿਰਦੇ ਵਿਚ ਭਗਵਾਨ ਵੱਸਦਾ ਹੈ।
13527	294	ਧੰਨੁ ਧੰਨੁ ਧੰਨੁ ਜਨੁ ਆਇਆ॥		Dhhann Dhhann Dhhann Jan Aaeiaa ||	Blessed, blessed, blessed is the coming of that humble being;	ਉਸ ਮਨੁੱਖ ਦਾ (ਜਗਤ ਵਿਚ) ਆਉਣਾ ਮੁਬਾਰਿਕ ਹੈ,
13528	295	ਜਿਸੁ ਪ੍ਰਸਾਦਿ ਸਭੁ ਜਗਤੁ ਤਰਾਇਆ॥		Jis Prasaadh Sabh Jagath Tharaaeiaa ||	By his grace, the whole world is saved.	ਜਿਸ ਦੀ ਮੇਹਰ ਨਾਲ ਸਾਰਾ ਜਗਤ ਹੀ ਤਰਦਾ ਹੈ।
13529	295	ਜਨ ਆਵਨ ਕਾ ਇਹੈ ਸੁਆਉ॥		Jan Aavan Kaa Eihai Suaao ||	This is his purpose in life;	ਅਜਿਹੇ ਮਨੁੱਖ ਦੇ ਆਉਣ ਦਾ ਇਹੀ ਮਨੋਰਥ ਹੈ,
13530	295	ਜਨ ਕੈ ਸੰਗਿ ਚਿਤਿ ਆਵੈ ਨਾਉ॥		Jan Kai Sang Chith Aavai Naao ||	In the Company of this humble servant, the Lord's Name comes to mind.	ਕਿ ਉਸ ਦੀ ਸੰਗਤਿ ਵਿਚ (ਰਹਿ ਕੇ ਹੋਰ ਮਨੁੱਖਾਂ ਨੂੰ ਪ੍ਰਭੂ ਦਾ) ਨਾਮ ਚੇਤੇ ਆਉਂਦਾ ਹੈ।
13531	295	ਆਪਿ ਮੁਕਤੁ ਮੁਕਤੁ ਕਰੈ ਸੰਸਾਰੁ॥		Aap Mukath Mukath Karai Sansaar ||	He Himself is liberated, and He liberates the universe.	ਉਹ ਮਨੁੱਖ ਆਪ (ਮਾਇਆ ਤੋਂ) ਆਜ਼ਾਦ ਹੈ, ਜਗਤ ਨੂੰ ਭੀ ਮੁਕਤ ਕਰਦਾ ਹੈ;

13532	295	ਨਾਨਕ ਤਿਸੁ ਜਨ ਕਉ ਸਦਾ ਨਮਸਕਾਰੁ॥੮॥੨੩॥		Naanak This Jan Ko Sadhaa Namasakaar ||8||23||	O Nanak, to that humble servant, I bow in reverence forever. ||8||23||	ਹੇ ਨਾਨਕ! ਐਸੇ (ਉੱਤਮ) ਮਨੁੱਖ ਨੂੰ ਸਾਡੀ ਸਦਾ ਪ੍ਰਣਾਮ ਹੈ ॥੮॥੨੩॥
13533	295	ਸਲੋਕੁ॥		Salok ||	Shalok:	
13534	295	ਪੂਰਾ ਪ੍ਰਭੁ ਆਰਾਧਿਆ ਪੂਰਾ ਜਾ ਕਾ ਨਾਉ॥		Pooraa Prabh Aaraadhhiaa Pooraa Jaa Kaa Naao ||	I worship and adore the Perfect Lord God. Perfect is His Name.	(ਜਿਸ ਮਨੁੱਖ ਨੇ) ਅਟੱਲ ਨਾਮ ਵਾਲੇ ਪੂਰਨ ਪ੍ਰਭੂ ਨੂੰ ਸਿਮਰਿਆ ਹੈ,
13535	295	ਨਾਨਕ ਪੂਰਾ ਪਾਇਆ ਪੂਰੇ ਕੇ ਗੁਨ ਗਾਉ॥੧॥		Naanak Pooraa Paaeiaa Poorae Kae Gun Gaao ||1||	O Nanak, I have obtained the Perfect One; I sing the Glorious Praises of the Perfect Lord. ||1||	ਉਸ ਨੂੰ ਉਹ ਪੂਰਨ ਪ੍ਰਭੂ ਮਿਲ ਪਿਆ ਹੈ; (ਤਾਂ ਤੇ) ਹੇ ਨਾਨਕ! ਤੂੰ ਭੀ ਪੂਰਨ ਪ੍ਰਭੂ ਦੇ ਗੁਣ ਗਾ ॥੧॥
13536	295	ਅਸਟਪਦੀ॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Asattapadhee ||	Ashtapadee:	
13537	295	ਪੂਰੇ ਗੁਰ ਕਾ ਸੁਨਿ ਉਪਦੇਸੁ॥		Poorae Gur Kaa Sun Oupadhaes ||	Listen to the Teachings of the Perfect Guru;	(ਹੇ ਮਨ!) ਪੂਰੇ ਸਤਿਗੁਰੂ ਦੀ ਸਿੱਖਿਆ ਸੁਣ,
13538	295	ਪਾਰਬ੍ਰਹਮੁ ਨਿਕਟਿ ਕਰਿ ਪੇਖੁ॥		Paarabreham Nikatt Kar Paekh ||	See the Supreme Lord God near you.	ਤੇ, ਅਕਾਲ ਪੁਰਖ ਨੂੰ (ਹਰ ਥਾਂ) ਨੇੜੇ ਜਾਣ ਕੇ ਵੇਖ।

13539	295	ਸਾਸਿ ਸਾਸਿ ਸਿਮਰਹੁ ਗੋਬਿੰਦ॥		Saas Saas Simarahu Gobindh ||	With each and every breath, meditate in remembrance on the Lord of the Universe,	(ਹੇ ਭਾਈ!) ਦੰਮ-ਬ-ਦੰਮ ਪ੍ਰਭੂ ਨੂੰ ਯਾਦ ਕਰ,
13540	295	ਮਨ ਅੰਤਰ ਕੀ ਉਤਰੈ ਚਿੰਦ॥		Man Anthar Kee Outharai Chindh ||	And the anxiety within your mind shall depart.	(ਤਾਂ ਜੁ) ਤੇਰੇ ਮਨ ਦੇ ਅੰਦਰ ਦੀ ਚਿੰਤਾ ਮਿਟ ਜਾਏ।
13541	295	ਆਸ ਅਨਿਤ ਤਿਆਗਹੁ ਤਰੰਗ॥	ਅ-ਨਿੱਤ	Aas Anith Thiaagahu Tharang ||	Abandon the waves of fleeting desire,	(ਹੇ ਮਨ!) ਨਿੱਤ ਨਾਹ ਰਹਿਣ ਵਾਲੀਆਂ (ਚੀਜ਼ਾਂ ਦੀਆਂ) ਆਸਾਂ ਦੀਆਂ ਲਹਰਾਂ ਛੱਡ ਦੇਹ,
13542	295	ਸੰਤ ਜਨਾ ਕੀ ਧੂਰਿ ਮਨ ਮੰਗ॥		Santh Janaa Kee Dhhoor Man Mang ||	And pray for the dust of the feet of the Saints.	ਅਤੇ ਹੇ ਮਨ! ਸੰਤ ਜਨਾਂ ਦੇ ਪੈਰਾਂ ਦੀ ਖ਼ਾਕ ਮੰਗ।
13543	295	ਆਪੁ ਛੋਡਿ ਬੇਨਤੀ ਕਰਹੁ॥		Aap Shhodd Baenathee Karahu ||	Renounce your selfishness and conceit and offer your prayers.	(ਹੇ ਭਾਈ!) ਆਪਾ-ਭਾਵ ਛੱਡ ਕੇ (ਪ੍ਰਭੂ ਦੇ ਅੱਗੇ) ਅਰਦਾਸ ਕਰ,
13544	295	ਸਾਧਸੰਗਿ ਅਗਨਿ ਸਾਗਰੁ ਤਰਹੁ॥		Saadhhasang Agan Saagar Tharahu ||	In the Saadh Sangat, the Company of the Holy, cross over the ocean of fire.	(ਤੇ ਇਸ ਤਰ੍ਹਾਂ) ਸਾਧ ਸੰਗਤਿ ਵਿਚ (ਰਹਿ ਕੇ) (ਵਿਕਾਰਾਂ ਦੀ) ਅੱਗ ਦੇ ਸਮੁੰਦਰ ਤੋਂ ਪਾਰ ਲੰਘ।
13545	295	ਹਰਿ ਧਨ ਕੇ ਭਰਿ ਲੇਹੁ ਭੰਡਾਰ॥		Har Dhhan Kae Bhar Laehu Bhanddaar ||	Fill your stores with the wealth of the Lord.	ਪ੍ਰਭੂ-ਨਾਮ-ਰੂਪੀ ਧਨ ਦੇ ਖ਼ਜ਼ਾਨੇ ਭਰ ਲੈ,
13546	295	ਨਾਨਕ ਗੁਰ ਪੂਰੇ ਨਮਸਕਾਰ॥੧॥		Naanak Gur Poorae Namasakaar ||1||	Nanak bows in humility and reverence to the Perfect Guru. ||1||	ਹੇ ਨਾਨਕ! ਅਤੇ ਪੂਰੇ ਸਤਿਗੁਰੂ ਨੂੰ ਨਮਸਕਾਰ ਕਰ ॥੧॥

13547	295	ਖੇਮ ਕੁਸਲ ਸਹਜ ਆਨੰਦ॥		Khaem Kusal Sehaj Aanandh ||	Happiness, intuitive peace, poise and bliss	(ਹੇ ਭਾਈ!) ਤੈਨੂੰ ਅਟੱਲ ਸੁਖ, ਸੌਖਾ ਜੀਵਨ ਤੇ ਆਤਮਕ ਅਡੋਲਤਾ ਦਾ ਆਨੰਦ ਪ੍ਰਾਪਤ ਹੋਣਗੇ;
13548	295	ਸਾਧਸੰਗਿ ਭਜੁ ਪਰਮਾਨੰਦ॥		Saadhhasang Bhaj Paramaanandh ||	In the Company of the Holy, meditate on the Lord of supreme bliss.	ਤੂੰ ਸਾਧ ਸੰਗਤਿ ਵਿਚ ਪਰਮ-ਸੁਖ ਪ੍ਰਭੂ ਨੂੰ ਸਿਮਰ।
13549	295	ਨਰਕ ਨਿਵਾਰਿ ਉਧਾਰਹੁ ਜੀਉ॥		Narak Nivaar Oudhhaarahu Jeeo ||	You shall be spared from hell - save your soul!	ਨਰਕਾਂ ਨੂੰ ਦੂਰ ਕਰ ਕੇ ਜਿੰਦ ਬਚਾ ਲੈ-
13550	295	ਗੁਨ ਗੋਬਿੰਦ ਅੰਮ੍ਰਿਤ ਰਸੁ ਪੀਉ॥		Gun Gobindh Anmrith Ras Peeo ||	Drink in the ambrosial essence of the Glorious Praises of the Lord of the Universe.	ਗੋਬਿੰਦ ਦੇ ਗੁਣ ਗਾ (ਨਾਮ-) ਅੰਮ੍ਰਿਤ ਦਾ ਰਸ ਪੀ।
13551	295	ਚਿਤਿ ਚਿਤਵਹੁ ਨਾਰਾਇਣ ਏਕ॥		Chith Chithavahu Naaraaein Eaek ||	Focus your consciousness on the One, the All-pervading Lord	ਉਸ ਇੱਕ ਪ੍ਰਭੂ ਦਾ ਧਿਆਨ ਚਿੱਤ ਵਿਚ ਧਰਹੁ,
13552	295	ਏਕ ਰੂਪ ਜਾ ਕੇ ਰੰਗ ਅਨੇਕ॥		Eaek Roop Jaa Kae Rang Anaek ||	He has One Form, but He has many manifestations.	ਜਿਸ ਇੱਕ ਅਕਾਲ ਪੁਰਖ ਦੇ ਅਨੇਕਾਂ ਰੰਗ ਹਨ।
13553	295	ਗੋਪਾਲ ਦਾਮੋਦਰ ਦੀਨ ਦਇਆਲ॥		Gopaal Dhaamodhar Dheen Dhaeiaal ||	Sustainer of the Universe, Lord of the world, Kind to the poor,	ਦੀਨਾਂ ਉਤੇ ਦਇਆ ਕਰਨ ਵਾਲਾ ਗੋਪਾਲ ਦਮੋਦਰ-

13554	295	ਦੁਖਭੰਜਨ ਪੂਰਨ ਕਿਰਪਾਲ॥		Dhukh Bhanjan Pooran Kirapaal ||	Destroyer of sorrow, perfectly Merciful.	ਦੁੱਖਾਂ ਦਾ ਨਾਸ ਕਰਨ ਵਾਲਾ ਸਭ ਵਿਚ ਵਿਆਪਕ ਤੇ ਮੇਹਰ ਦਾ ਜੋ ਘਰ ਹੈ;
13555	295	ਸਿਮਰਿ ਸਿਮਰਿ ਨਾਮੁ ਬਾਰੰ ਬਾਰ॥		Simar Simar Naam Baaran Baar ||	Meditate, meditate in remembrance on the Naam, again and again.	ਉਸ ਦਾ ਨਾਮ ਮੁੜ ਮੁੜ ਯਾਦ ਕਰ।
13556	295	ਨਾਨਕ ਜੀਅ ਕਾ ਇਹੈ ਅਧਾਰ॥੨॥		Naanak Jeea Kaa Eihai Adhhaar ||2||	O Nanak, it is the Support of the soul. ||2||	ਹੇ ਨਾਨਕ! ਜਿੰਦ ਦਾ ਆਸਰਾ ਇਹ ਨਾਮ ਹੀ ਹੈ ॥੨॥
13557	295	ਉਤਮ ਸਲੋਕ ਸਾਧ ਕੇ ਬਚਨ॥		Outham Salok Saadhh Kae Bachan ||	The most sublime hymns are the Words of the Holy.	ਸਾਧ (ਗੁਰੂ) ਦੇ ਬਚਨ ਸਭ ਤੋਂ ਚੰਗੀ ਸਿਫ਼ਤ-ਸਾਲਾਹ ਦੀ ਬਾਣੀ ਹਨ,
13558	295	ਅਮੁਲੀਕ ਲਾਲ ਏਹਿ ਰਤਨ॥		Amuleek Laal Eaehi Rathan ||	These are priceless rubies and gems.	ਇਹ ਅਮੋਲਕ ਲਾਲ ਹਨ, ਅਮੋਲਕ ਰਤਨ ਹਨ।
13559	295	ਸੁਨਤ ਕਮਾਵਤ ਹੋਤ ਉਧਾਰ॥		Sunath Kamaavath Hoth Oudhhaar ||	One who listens and acts on them is saved.	(ਇਹਨਾਂ ਬਚਨਾਂ ਨੂੰ) ਸੁਣਿਆਂ ਤੇ ਕਮਾਇਆਂ ਬੇੜਾ ਪਾਰ ਹੁੰਦਾ ਹੈ,
13560	295	ਆਪਿ ਤਰੈ ਲੋਕਹ ਨਿਸਤਾਰ॥		Aap Tharai Lokeh Nisathaar ||	He himself swims across, and saves others as well.	(ਜੋ ਕਮਾਉਂਦਾ ਹੈ) ਉਹ ਆਪ ਤਰਦਾ ਹੈ ਤੇ ਲੋਕਾਂ ਦਾ ਭੀ ਨਿਸਤਾਰਾ ਕਰਦਾ ਹੈ।
13561	295	ਸਫਲ ਜੀਵਨੁ ਸਫਲੁ ਤਾ ਕਾ ਸੰਗੁ॥		Safal Jeevan Safal Thaa Kaa Sang ||	His life is prosperous, and his company is fruitful;	ਉਸ ਮਨੁੱਖ ਦੀ ਜ਼ਿੰਦਗੀ ਪੂਰੀਆਂ ਮੁਰਾਦਾਂ ਵਾਲੀ ਹੁੰਦੀ ਹੈ, ਉਸ ਦੀ ਸੰਗਤਿ ਹੋਰਨਾਂ ਦੀਆਂ ਮੁਰਾਦਾਂ ਪੂਰੀਆਂ ਕਰਦੀ ਹੈ;

13562	295	ਜਾ ਕੈ ਮਨਿ ਲਾਗਾ ਹਰਿ ਰੰਗੁ॥		Jaa Kai Man Laagaa Har Rang ||	His mind is imbued with the love of the Lord.	ਜਿਸ ਦੇ ਮਨ ਵਿਚ ਪ੍ਰਭੂ ਦਾ ਪਿਆਰ ਬਣ ਜਾਂਦਾ ਹੈ।
13563	295	ਜੈ ਜੈ ਸਬਦੁ ਅਨਾਹਦੁ ਵਾਜੈ॥		Jai Jai Sabadh Anaahadh Vaajai ||	Hail, hail to him, for whom the sound current of the Shabad vibrates.	(ਉਸ ਦੇ ਅੰਦਰ) ਚੜ੍ਹਦੀਆਂ ਕਲਾਂ ਦੀ ਰੌ ਸਦਾ ਚਲਦੀ ਹੈ,
13564	295	ਸੁਨਿ ਸੁਨਿ ਅਨਦ ਕਰੇ ਪ੍ਰਭੁ ਗਾਜੈ॥	ਗੱਾਜੈ	Sun Sun Anadh Karae Prabh Gaajai ||	Hearing it again and again, he is in bliss, proclaiming God's Praises.	ਜਿਸ ਨੂੰ ਸੁਣ ਕੇ (ਭਾਵ ਮਹਿਸੂਸ ਕਰ ਕੇ) ਉਹ ਖ਼ੁਸ਼ ਹੁੰਦਾ ਹੈ (ਕਿਉਂਕਿ) ਪ੍ਰਭੂ (ਉਸ ਦੇ ਅੰਦਰ) ਆਪਣਾ ਨੂਰ ਰੋਸ਼ਨ ਕਰਦਾ ਹੈ।
13565	295	ਪ੍ਰਗਟੇ ਗੁਪਾਲ ਮਹਾਂਤ ਕੈ ਮਾਥੇ॥		Pragattae Gupaal Mehaanth Kai Maathhae ||	The Lord radiates from the foreheads of the Holy.	ਗੋਪਾਲ ਪ੍ਰਭੂ ਜੀ ਉਚੀ ਕਰਨੀ ਵਾਲੇ ਬੰਦੇ ਦੇ ਮੱਥੇ ਉਤੇ ਪਰਗਟ ਹੁੰਦੇ ਹਨ,
13566	295	ਨਾਨਕ ਉਧਰੇ ਤਿਨ ਕੈ ਸਾਥੇ॥੩॥		Naanak Oudhharae Thin Kai Saathhae ||3||	Nanak is saved in their company. ||3||	ਹੇ ਨਾਨਕ! ਅਜੇਹੇ ਬੰਦੇ ਦੇ ਨਾਲ ਹੋਰ ਕਈ ਮਨੁੱਖਾਂ ਦਾ ਬੇੜਾ ਪਾਰ ਹੁੰਦਾ ਹੈ ॥੩॥
13567	295	ਸਰਨਿ ਜੋਗੁ ਸੁਨਿ ਸਰਨੀ ਆਏ॥		Saran Jog Sun Saranee Aaeae ||	Hearing that He can give Sanctuary, I have come seeking His Sanctuary.	ਹੇ ਪ੍ਰਭੂ! ਇਹ ਸੁਣ ਕੇ ਕਿ ਤੂੰ ਦਰ-ਢੱਠਿਆਂ ਦੀ ਬਾਂਹ ਫੜਨ-ਜੋਗਾ ਹੈਂ, ਅਸੀਂ ਤੇਰੇ ਦਰ ਤੇ ਆਏ ਸਾਂ,
13568	295	ਕਰਿ ਕਿਰਪਾ ਪ੍ਰਭ ਆਪ ਮਿਲਾਏ॥		Kar Kirapaa Prabh Aap Milaaeae ||	Bestowing His Mercy, God has blended me with Himself.	ਤੂੰ ਮੇਹਰ ਕਰ ਕੇ (ਸਾਨੂੰ) ਆਪਣੇ ਨਾਲ ਮੇਲ ਲਿਆ ਹੈ।

13569	295	ਮਿਟਿ ਗਏ ਬੈਰ ਭਏ ਸਭ ਰੇਨ॥		Mitt Geae Bair Bheae Sabh Raen ||	Hatred is gone, and I have become the dust of all.	(ਹੁਣ ਸਾਡੇ) ਵੈਰ ਮਿਟ ਗਏ ਹਨ, ਅਸੀਂ ਸਭ ਦੇ ਪੈਰਾਂ ਦੀ ਖ਼ਾਕ ਹੋ ਗਏ ਹਾਂ,
13570	295	ਅੰਮ੍ਰਿਤ ਨਾਮੁ ਸਾਧਸੰਗਿ ਲੈਨ॥		Anmrith Naam Saadhhasang Lain ||	I have received the Ambrosial Naam in the Company of the Holy.	(ਹੁਣ) ਸਾਧ ਸੰਗਤਿ ਵਿਚ ਅਮਰ ਕਰਨ ਵਾਲਾ ਨਾਮ ਜਪ ਰਹੇ ਹਾਂ।
13571	295	ਸੁਪ੍ਰਸੰਨ ਭਏ ਗੁਰਦੇਵ॥	ਸੁਪ੍ਰਸੰਨ	Suprasann Bheae Guradhaev ||	The Divine Guru is perfectly pleased;	ਗੁਰਦੇਵ ਜੀ (ਸਾਡੇ ਉਤੇ) ਤ੍ਰੁੱਠ ਪਏ ਹਨ,
13572	295	ਪੂਰਨ ਹੋਈ ਸੇਵਕ ਕੀ ਸੇਵ॥		Pooran Hoee Saevak Kee Saev ||	The service of His servant has been rewarded.	ਇਸ ਵਾਸਤੇ (ਸਾਡੀ) ਸੇਵਕਾਂ ਦੀ ਸੇਵਾ ਸਿਰੇ ਚੜ੍ਹ ਗਈ ਹੈ।
13573	295	ਆਲ ਜੰਜਾਲ ਬਿਕਾਰ ਤੇ ਰਹਤੇ॥		Aal Janjaal Bikaar Thae Rehathae ||	I have been released from worldly entanglements and corruption,	(ਅਸੀਂ ਹੁਣ) ਘਰ ਦੇ ਧੰਧਿਆਂ ਤੇ ਵਿਕਾਰਾਂ ਤੋਂ ਬਚ ਗਏ ਹਾਂ,
13574	295	ਰਾਮ ਨਾਮ ਸੁਨਿ ਰਸਨਾ ਕਹਤੇ॥		Raam Naam Sun Rasanaa Kehathae ||	Hearing the Lord's Name and chanting it with my tongue.	ਪ੍ਰਭੂ ਦਾ ਨਾਮ ਸੁਣ ਕੇ ਜੀਭ ਨਾਲ (ਭੀ) ਉਚਾਰਦੇ ਹਾਂ।
13575	295	ਕਰਿ ਪ੍ਰਸਾਦੁ ਦਇਆ ਪ੍ਰਭਿ ਧਾਰੀ॥	ਦ-ਇਆ	Kar Prasaadh Dhaeiaa Prabh Dhhaaree ||	By His Grace, God has bestowed His Mercy.	ਪ੍ਰਭੂ ਨੇ ਮੇਹਰ ਕਰ ਕੇ (ਸਾਡੇ ਉਤੇ) ਦਇਆ ਕੀਤੀ ਹੈ,
13576	295	ਨਾਨਕ ਨਿਬਹੀ ਖੇਪ ਹਮਾਰੀ॥੪॥		Naanak Nibehee Khaep Hamaaree ||4||	O Nanak, my merchandise has arrived save and sound. ||4||	ਹੇ ਨਾਨਕ! ਤੇ ਸਾਡਾ ਕੀਤਾ ਹੋਇਆ ਵਣਜ ਦਰਗਾਹੇ ਕਬੂਲ ਹੋ ਗਿਆ ਹੈ ॥੪॥

13577	295	ਪ੍ਰਭ ਕੀ ਉਸਤਤਿ ਕਰਹੁ ਸੰਤ ਮੀਤ॥		Prabh Kee Ousathath Karahu Santh Meeth ||	Sing the Praises of God, O Saints, O friends,	ਹੇ ਸੰਤ ਮਿਤ੍ਰ! ਅਕਾਲ ਪੁਰਖ ਦੀ ਸਿਫ਼ਤ-ਸਾਲਾਹ ਕਰੋ-
13578	295	ਸਾਵਧਾਨ ਏਕਾਗਰ ਚੀਤ॥		Saavadhhaan Eaekaagar Cheeth ||	With total concentration and one-pointedness of mind.	ਧਿਆਨ ਨਾਲ ਚਿੱਤ ਨੂੰ ਇਕ ਨਿਸ਼ਾਨੇ ਤੇ ਟਿਕਾ ਕੇ।
13579	295	ਸੁਖਮਨੀ ਸਹਜ ਗੋਬਿੰਦ ਗੁਨ ਨਾਮ॥		Sukhamanee Sehaj Gobindh Gun Naam ||	Sukhmani is the peaceful ease, the Glory of God, the Naam.	ਪ੍ਰਭੂ ਦੀ ਸਿਫ਼ਤ-ਸਾਲਾਹ ਤੇ ਪ੍ਰਭੂ ਦਾ ਨਾਮ ਅਡੋਲ ਅਵਸਥਾ (ਦਾ ਕਾਰਣ ਹੈ ਤੇ) ਸੁਖਾਂ ਦੀ ਮਣੀ (ਰਤਨ) ਹੈ,
13580	295	ਜਿਸੁ ਮਨਿ ਬਸੈ ਸੁ ਹੋਤ ਨਿਧਾਨ॥		Jis Man Basai S Hoth Nidhhaan ||	When it abides in the mind, one becomes wealthy.	ਜਿਸ ਦੇ ਮਨ ਵਿਚ (ਨਾਮ) ਵੱਸਦਾ ਹੈ ਉਹ (ਗੁਣਾਂ ਦਾ) ਖ਼ਜ਼ਾਨਾ ਹੋ ਜਾਂਦਾ ਹੈ।
13581	295	ਸਰਬ ਇਛਾ ਤਾ ਕੀ ਪੂਰਨ ਹੋਇ॥		Sarab Eishhaa Thaa Kee Pooran Hoe ||	All desires are fulfilled.	ਉਸ ਮਨੁੱਖ ਦੀ ਇੱਛਿਆ ਸਾਰੀ ਪੂਰੀ ਹੋ ਜਾਂਦੀ ਹੈ,
13582	295	ਪ੍ਰਧਾਨ ਪੁਰਖੁ ਪ੍ਰਗਟੁ ਸਭ ਲੋਇ॥		Pradhhaan Purakh Pragatt Sabh Loe ||	One becomes the most respected person, famous all over the world.	ਉਹ ਬੰਦਾ ਤੁਰਨੇ-ਸਿਰ ਹੋ ਜਾਂਦਾ ਹੈ, ਤੇ ਸਾਰੇ ਜਗਤ ਵਿਚ ਉੱਘਾ ਹੋ ਜਾਂਦਾ ਹੈ।
13583	295	ਸਭ ਤੇ ਊਚ ਪਾਏ ਅਸਥਾਨੁ॥		Sabh Thae Ooch Paaeae Asathhaan ||	He obtains the highest place of all.	ਉਸ ਨੂੰ ਉੱਚੇ ਤੋਂ ਉੱਚਾ ਟਿਕਾਣਾ ਮਿਲ ਜਾਂਦਾ ਹੈ,
13584	295	ਬਹੁਰਿ ਨ ਹੋਵੈ ਆਵਨ ਜਾਨੁ॥		Bahur N Hovai Aavan Jaan ||	He does not come and go in reincarnation any longer.	ਮੁੜ ਉਸ ਨੂੰ ਜਨਮ ਮਰਨ (ਦਾ ਗੇੜ) ਨਹੀਂ ਵਿਆਪਦਾ।

13585	295	ਹਰਿ ਧਨੁ ਖਾਟਿ ਚਲੈ ਜਨੁ ਸੋਇ॥		Har Dhhan Khaatt Chalai Jan Soe ||	One who departs, after earning the wealth of the Lord's Name,	ਉਹ ਮਨੁੱਖ ਪ੍ਰਭੂ ਦਾ ਨਾਮ ਰੂਪ ਧਨ ਖੱਟ ਕੇ (ਜਗਤ ਤੋਂ) ਜਾਂਦਾ ਹੈ,
13586	295	ਨਾਨਕ ਜਿਸਹਿ ਪਰਾਪਤਿ ਹੋਇ॥੫॥		Naanak Jisehi Paraapath Hoe ||5||	O Nanak, realizes it. ||5||	ਹੇ ਨਾਨਕ! ਜਿਸ ਮਨੁੱਖ ਨੂੰ (ਧੁਰੋਂ) ਇਹ ਦਾਤ ਮਿਲਦੀ ਹੈ ॥੫॥
13587	295	ਖੇਮ ਸਾਂਤਿ ਰਿਧਿ ਨਵ ਨਿਧਿ॥		Khaem Saanth Ridhh Nav Nidhh ||	Comfort, peace and tranquility, wealth and the nine treasures;	ਅਟੱਲ ਸੁਖ ਮਨ ਦਾ ਟਿਕਾਉ, ਰਿਧੀਆਂ, ਨੌ ਖ਼ਜ਼ਾਨੇ,
13588	295	ਬੁਧਿ ਗਿਆਨੁ ਸਰਬ ਤਹ ਸਿਧਿ॥		Budhh Giaan Sarab Theh Sidhh ||	Wisdom, knowledge, and all spiritual powers;	ਅਕਲ, ਗਿਆਨ ਤੇ ਸਾਰੀਆਂ ਕਰਾਮਾਤਾਂ ਉਸ ਮਨੁੱਖ ਵਿਚ (ਆ ਜਾਂਦੀਆਂ ਹਨ);
13589	295	ਬਿਦਿਆ ਤਪੁ ਜੋਗੁ ਪ੍ਰਭ ਧਿਆਨੁ॥		Bidhiaa Thap Jog Prabh Dhhiaan ||	Learning, penance, Yoga and meditation on God;	ਵਿੱਦਿਆ, ਤਪ, ਜੋਗ, ਅਕਾਲ ਪੁਰਖ ਦਾ ਧਿਆਨ,
13590	296	ਗਿਆਨੁ ਸ੍ਰੇਸਟ ਊਤਮ ਇਸਨਾਨੁ॥		Giaan Sraesatt Ootham Eisanaan ||	The most sublime wisdom and purifying baths;	ਸ੍ਰੇਸ਼ਟ ਗਿਆਨ, ਚੰਗੇ ਤੋਂ ਚੰਗਾ (ਭਾਵ, ਤੀਰਥਾਂ ਦਾ) ਇਸ਼ਨਾਨ;
13591	296	ਚਾਰਿ ਪਦਾਰਥ ਕਮਲ ਪ੍ਰਗਾਸ॥		Chaar Padhaarathh Kamal Pragaas ||	The four cardinal blessings, the opening of the heart-lotus;	(ਧਰਮ, ਅਰਥ, ਕਾਮ, ਮੋਖ) ਚਾਰੇ ਪਦਾਰਥ, ਹਿਰਦੇ-ਕਮਲ ਦਾ ਖੇੜਾ;

13592	296	ਸਭ ਕੈ ਮਧਿ ਸਗਲ ਤੇ ਉਦਾਸ॥	ਮਧਿ: ਪੋਲਾ ਬੋਲੋ	Sabh Kai Madhh Sagal Thae Oudhaas ||	In the midst of all, and yet detached from all;	ਸਾਰਿਆਂ ਦੇ ਵਿਚ ਰਹਿੰਦਿਆਂ ਸਭ ਤੋਂ ਉਪਰਾਮ ਰਹਿਣਾ;
13593	296	ਸੁੰਦਰੁ ਚਤੁਰੁ ਤਤ ਕਾ ਬੇਤਾ॥		Sundhar Chathur Thath Kaa Baethaa ||	Beauty, intelligence, and the realization of reality;	ਸੋਹਣਾ, ਸਿਆਣਾ, (ਜਗਤ ਦੇ) ਮੂਲ ਪ੍ਰਭੂ ਦਾ ਮਹਰਮ,
13594	296	ਸਮਦਰਸੀ ਏਕ ਦ੍ਰਿਸਟੇਤਾ॥		Samadharasee Eaek Dhrisattaethaa ||	Hese blessings come to one who chants the Naam with his mouth,	ਸਭ ਨੂੰ ਇਕੋ ਜਿਹਾ ਜਾਣਨਾ ਤੇ ਸਭ ਨੂੰ ਇਕੋ ਨਜ਼ਰ ਨਾਲ ਵੇਖਣਾ;
13595	296	ਇਹ ਫਲ ਤਿਸੁ ਜਨ ਕੈ ਮੁਖਿ ਭਨੇ॥		Eih Fal This Jan Kai Mukh Bhanae ||	These blessings come to one who, through Guru Nanak,	ਇਹ ਸਾਰੇ ਫਲ; ਹੇ ਨਾਨਕ! ਉਸ ਮਨੁੱਖ ਦੇ ਅੰਦਰ ਆ ਵੱਸਦੇ ਹਨ;
13596	296	ਗੁਰ ਨਾਨਕ ਨਾਮ ਬਚਨ ਮਨਿ ਸੁਨੇ॥੬॥		Gur Naanak Naam Bachan Man Sunae ||6||	And hears the Word with his ears through Guru Nanak. ||6||	ਜੋ ਗੁਰੂ ਦੇ ਬਚਨ ਤੇ ਪ੍ਰਭੂ ਦਾ ਨਾਮ ਮੂੰਹੋਂ ਉਚਾਰਦਾ ਹੈ ਤੇ ਮਨ ਲਾ ਕੇ ਸੁਣਦਾ ਹੈ ॥੬॥
13597	296	ਇਹੁ ਨਿਧਾਨੁ ਜਪੈ ਮਨਿ ਕੋਇ॥		Eihu Nidhhaan Japai Man Koe ||	One who chants this treasure in his mind	ਜੇਹੜਾ ਭੀ ਮਨੁੱਖ ਇਸ ਨਾਮ ਨੂੰ (ਜੋ ਗੁਣਾਂ ਦਾ) ਖ਼ਜ਼ਾਨਾ ਹੈ ਜਪਦਾ ਹੈ,
13598	296	ਸਭ ਜੁਗ ਮਹਿ ਤਾ ਕੀ ਗਤਿ ਹੋਇ॥		Sabh Jug Mehi Thaa Kee Gath Hoe ||	In every age, he attains salvation.	ਸਾਰੀ ਉਮਰ ਉਸ ਦੀ ਉੱਚੀ ਆਤਮਕ ਅਵਸਥਾ ਬਣੀ ਰਹਿੰਦੀ ਹੈ।
13599	296	ਗੁਣ ਗੋਬਿੰਦ ਨਾਮ ਧੁਨਿ ਬਾਣੀ॥		Gun Gobindh Naam Dhhun Baanee ||	In it is the Glory of God, the Naam, the chanting of Gurbani.	ਉਸ ਮਨੁੱਖ ਦੇ (ਸਾਧਾਰਨ) ਬਚਨ ਭੀ ਗੋਬਿੰਦ ਦੇ ਗੁਣ ਤੇ ਨਾਮ ਦੀ ਰੌ ਹੀ ਹੁੰਦੇ ਹਨ,

13600	296	ਸਿਮ੍ਰਿਤਿ ਸਾਸਤ੍ਰ ਬੇਦ ਬਖਾਣੀ॥	ਸਿਮ-ਿ੍ਰਤਿ: ਮ ਮੁਕਤਾ ਬੋਲੋ, ਅੱਧੇ ਰਾਰੇ ਸਿਹਾਰੀ ਲਾ ਕੇ,:ਪੋਲਾ ਬੋਲੋ , ਸਿਹਾਰੀ ਤੱਤੇ ਨੂੰ ਭੀ ਲਾਉ	Simrith Saasathr Baedh Bakhaanee ||	The Simritees, the Shaastras and the Vedas speak of it.	ਸਿਮ੍ਰਿਤੀਆਂ ਸ਼ਾਸਤ੍ਰਾਂ ਤੇ ਵੇਦਾਂ ਨੇ ਭੀ ਇਹੀ ਗੱਲ ਆਖੀ ਹੈ।
13601	296	ਸਗਲ ਮਤਾਂਤ ਕੇਵਲ ਹਰਿ ਨਾਮ॥		Sagal Mathaanth Kaeval Har Naam ||	The essence of all religion is the Lord's Name alone.	ਸਾਰੇ ਮਤਾਂ ਦਾ ਨਿਚੋੜ ਪ੍ਰਭੂ ਦਾ ਨਾਮ ਹੀ ਹੈ।
13602	296	ਗੋਬਿੰਦ ਭਗਤ ਕੈ ਮਨਿ ਬਿਸ੍ਰਾਮ॥		Gobindh Bhagath Kai Man Bisraam ||	It abides in the minds of the devotees of God.	ਇਸ ਨਾਮ ਦਾ ਨਿਵਾਸ ਪ੍ਰਭੂ ਦੇ ਭਗਤ ਦੇ ਮਨ ਵਿਚ ਹੁੰਦਾ ਹੈ।
13603	296	ਕੋਟਿ ਅਪ੍ਰਾਧ ਸਾਧਸੰਗਿ ਮਿਟੈ॥		Kott Apraadhh Saadhhasang Mittai ||	Millions of sins are erased, in the Company of the Holy.	(ਜੋ ਮਨੁੱਖ ਨਾਮ ਜਪਦਾ ਹੈ ਉਸ ਦੇ) ਕ੍ਰੋੜਾਂ ਪਾਪ ਸਤਸੰਗ ਵਿਚ ਰਹਿ ਕੇ ਮਿਟ ਜਾਂਦੇ ਹਨ,
13604	296	ਸੰਤ ਕ੍ਰਿਪਾ ਤੇ ਜਮ ਤੇ ਛੁਟੈ॥		Santh Kirapaa Thae Jam Thae Shhuttai ||	By the Grace of the Saint, one escapes the Messenger of Death.	ਗੁਰੂ ਦੀ ਕਿਰਪਾ ਨਾਲ ਉਹ ਮਨੁੱਖ ਜਮਾਂ ਤੋਂ ਬਚ ਜਾਂਦਾ ਹੈ।
13605	296	ਜਾ ਕੈ ਮਸਤਕਿ ਕਰਮ ਪ੍ਰਭਿ ਪਾਏ ॥		Jaa Kai Masathak Karam Prabh Paaeae ||	Those, who have such pre-ordained destiny on their foreheads,	ਜਿਨ੍ਹਾਂ ਦੇ ਮੱਥੇ ਉਤੇ ਪ੍ਰਭੂ ਨੇ (ਨਾਮ ਦੀ) ਬਖ਼ਸ਼ਸ਼ ਦੇ ਲੇਖ ਲਿਖ ਧਰੇ ਹਨ,
13606	296	ਸਾਧ ਸਰਣਿ ਨਾਨਕ ਤੇ ਆਏ॥੭॥		Saadhh Saran Naanak Thae Aaeae ||7||	O Nanak, enter the Sanctuary of the Saints. ||7||	(ਪਰ) ਹੇ ਨਾਨਕ! ਉਹ ਮਨੁੱਖ ਗੁਰੂ ਦੀ ਸਰਣ ਆਉਂਦੇ ਹਨ ॥੭॥

13607	296	ਜਿਸੁ ਮਨਿ ਬਸੈ ਸੁਨੈ ਲਾਇ ਪ੍ਰੀਤਿ॥		Jis Man Basai Sunai Laae Preeth ||	One, within whose mind it abides, and who listens to it with love	ਜਿਸ ਮਨੁੱਖ ਦੇ ਮਨ ਵਿਚ (ਨਾਮ) ਵੱਸਦਾ ਹੈ ਜੋ ਪ੍ਰੀਤ ਲਾ ਕੇ (ਨਾਮ) ਸੁਣਦਾ ਹੈ,
13608	296	ਤਿਸੁ ਜਨ ਆਵੈ ਹਰਿ ਪ੍ਰਭੁ ਚੀਤਿ॥		This Jan Aavai Har Prabh Cheeth ||	That humble person consciously remembers the Lord God.	ਉਸ ਨੂੰ ਪ੍ਰਭੂ ਚੇਤੇ ਆਉਂਦਾ ਹੈ।
13609	296	ਜਨਮ ਮਰਨ ਤਾ ਕਾ ਦੂਖੁ ਨਿਵਾਰੈ॥		Janam Maran Thaa Kaa Dhookh Nivaarai ||	The pains of birth and death are removed.	ਉਸ ਮਨੁੱਖ ਦਾ ਜੰਮਣ ਮਰਨ ਦਾ ਕਸ਼ਟ ਕੱਟਿਆ ਜਾਂਦਾ ਹੈ,
13610	296	ਦੁਲਭ ਦੇਹ ਤਤਕਾਲ ਉਧਾਰੈ॥	ਦੁ-ਲਭ: ਤੱਤਕਾਲ	Dhulabh Dhaeh Thathakaal Oudhhaarai ||	The human body, so difficult to obtain, is instantly redeemed.	ਉਹ ਇਸ ਦੁਰਲੱਭ ਮਨੁੱਖਾ-ਸਰੀਰ ਨੂੰ ਉਸ ਵੇਲੇ (ਵਿਕਾਰਾਂ ਵਲੋਂ) ਬਚਾ ਲੈਂਦਾ ਹੈ।
13611	296	ਨਿਰਮਲ ਸੋਭਾ ਅੰਮ੍ਰਿਤ ਤਾ ਕੀ ਬਾਨੀ॥		Niramal Sobhaa Anmrith Thaa Kee Baanee ||	Spotlessly pure is his reputation, and ambrosial is his speech.	ਉਸ ਦੀ ਬੇ-ਦਾਗ਼ ਸੋਭਾ ਤੇ ਉਸ ਦੀ ਬਾਣੀ (ਨਾਮ-) ਅੰਮ੍ਰਿਤ ਨਾਲ ਭਰਪੂਰ ਹੁੰਦੀ ਹੈ,
13612	296	ਏਕੁ ਨਾਮੁ ਮਨ ਮਾਹਿ ਸਮਾਨੀ॥		Eaek Naam Man Maahi Samaanee ||	The One Name permeates his mind.	(ਕਿਉਂਕਿ) ਉਸ ਦੇ ਮਨ ਵਿਚ ਪ੍ਰਭੂ ਦਾ ਨਾਮ ਹੀ ਵੱਸਿਆ ਰਹਿੰਦਾ ਹੈ।
13613	296	ਦੂਖ ਰੋਗ ਬਿਨਸੇ ਭੈ ਭਰਮ॥		Dhookh Rog Binasae Bhai Bharam ||	Sorrow, sickness, fear and doubt depart.	ਦੁੱਖ, ਰੋਗ, ਡਰ ਤੇ ਵਹਮ ਉਸ ਦੇ ਨਾਸ ਹੋ ਜਾਂਦੇ ਹਨ।
13614	296	ਸਾਧ ਨਾਮ ਨਿਰਮਲ ਤਾ ਕੇ ਕਰਮ॥		Saadhh Naam Niramal Thaa Kae Karam ||	He is called a Holy person; his actions are immaculate and pure.	ਉਸ ਦਾ ਨਾਮ 'ਸਾਧ' ਪੈ ਜਾਂਦਾ ਹੈ ਤੇ ਉਸ ਦੇ ਕੰਮ (ਵਿਕਾਰਾਂ ਦੀ) ਮੈਲ ਤੋਂ ਸਾਫ਼ ਹੁੰਦੇ ਹਨ।

13615	296	ਸਭ ਤੇ ਊਚ ਤਾ ਕੀ ਸੋਭਾ ਬਨੀ॥		Sabh Thae Ooch Thaa Kee Sobhaa Banee ||	His glory becomes the highest of all.	ਸਭ ਤੋਂ ਉੱਚੀ ਸੋਭਾ ਉਸ ਨੂੰ ਮਿਲਦੀ ਹੈ।
13616	296	ਨਾਨਕ ਇਹ ਗੁਣਿ ਨਾਮੁ ਸੁਖਮਨੀ॥੮॥੨੪॥		Naanak Eih Gun Naam Sukhamanee ||8||24||	O Nanak, by these Glorious Virtues, this is named Sukhmani, Peace of mind. ||8||24||	ਹੇ ਨਾਨਕ! ਇਸ ਗੁਣ ਦੇ ਕਾਰਣ (ਪ੍ਰਭੂ ਦਾ) ਨਾਮ ਸੁਖਾਂ ਦੀ ਮਣੀ ਹੈ (ਭਾਵ, ਸਰਬੋਤਮ ਸੁਖ ਹੈ) ॥੮॥੨੪॥
13617	296	ਥਿਤੀ ਗਉੜੀ ਮਹਲਾ ੫॥	ਥਿੱਤੀ	Thhithee Gourree Mehalaa 5 ||	T'hitee ~ The Lunar Days: Gauree, Fifth Mehl,	
13618	296	ਸਲੋਕੁ॥		Salok ||	Shalok:	ਸਲੋਕੁ
13619	296	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
13620	296	ਜਲਿ ਥਲਿ ਮਹੀਅਲਿ ਪੂਰਿਆ ਸੁਆਮੀ ਸਿਰਜਨਹਾਰੁ॥	(ਮਹੀਅਲਿ)ਵਿੱਚ। (ਦੂਜਾ ਪਾਠ: ਮਹੀ ਅਲਿ)	Jal Thhal Meheeal Pooriaa Suaamee Sirajanehaar ||	The Creator Lord and Master is pervading the water, the land, and the sky.	ਹੇ ਨਾਨਕ! ਸਾਰੇ ਜਗਤ ਨੂੰ ਪੈਦਾ ਕਰਨ ਵਾਲਾ ਮਾਲਕ-ਪ੍ਰਭੂ ਜਲ ਵਿਚ ਧਰਤੀ ਵਿਚ ਤੇ ਆਕਾਸ਼ ਵਿਚ ਭਰਪੂਰ ਹੈ,
13621	296	ਅਨਿਕ ਭਾਂਤਿ ਹੋਇ ਪਸਰਿਆ ਨਾਨਕ ਏਕੰਕਾਰੁ॥੧॥		Anik Bhaanth Hoe Pasariaa Naanak Eaekankaar ||1||	In so many ways, the One, the Universal Creator has diffused Himself, O Nanak. ||1||	ਉਹ ਇੱਕ ਅਕਾਲ ਪੁਰਖ ਅਨੇਕਾਂ ਹੀ ਤਰੀਕਿਆਂ ਨਾਲ (ਜਗਤ ਵਿਚ ਹਰ ਥਾਂ) ਖਿਲਰਿਆ ਹੋਇਆ ਹੈ ॥੧॥

13622	296	ਪਉੜੀ॥		Pourree ||	Pauree:	ਪਉੜੀ
13623	296	ੴ ਏਕੰਕਾਰੁ ਪ੍ਰਭੁ ਕਰਉ ਬੰਦਨਾ ਧਿਆਇ॥		Eaekam Eaekankaar Prabh Karo Bandhanaa Dhhiaae ||	The first day of the lunar cycle: Bow in humility and meditate on the One, the Universal Creator Lord God.	(ਹੇ ਭਾਈ!) ਮੈਂ ਇੱਕ ਅਕਾਲ ਪੁਰਖ ਪ੍ਰਭੂ ਨੂੰ ਸਿਮਰ ਕੇ (ਉਸ ਅੱਗੇ ਹੀ) ਨਮਸਕਾਰ ਕਰਦਾ ਹਾਂ,
13624	296	ਗੁਣ ਗੋਬਿੰਦ ਗੁਪਾਲ ਪ੍ਰਭ ਸਰਨਿ ਪਰਉ ਹਰਿ ਰਾਇ॥		Gun Gobindh Gupaal Prabh Saran Paro Har Raae ||	Praise God, the Lord of the Universe, the Sustainer of the World; seek the Sanctuary of the Lord, our King.	ਮੈਂ ਗੋਬਿੰਦ ਗੋਪਾਲ ਪ੍ਰਭੂ ਦੇ ਗੁਣ (ਗਾਂਦਾ ਹਾਂ, ਤੇ ਉਸ) ਪ੍ਰਭੂ-ਪਾਤਿਸ਼ਾਹ ਦੀ ਸ਼ਰਨ ਪੈਂਦਾ ਹਾਂ।
13625	296	ਤਾ ਕੀ ਆਸ ਕਲਿਆਣ ਸੁਖ ਜਾ ਤੇ ਸਭੁ ਕਛੁ ਹੋਇ॥		Thaa Kee Aas Kaliaan Sukh Jaa Thae Sabh Kashh Hoe ||	Place your hopes in Him, for salvation and peace; all things come from Him.	(ਹੇ ਭਾਈ!) ਜਿਸ ਮਾਲਕ-ਪ੍ਰਭੂ (ਦੇ ਹੁਕਮ) ਤੋਂ ਹੀ (ਜਗਤ ਵਿਚ) ਸਭ ਕੁਝ ਹੋ ਰਿਹਾ ਹੈ, ਉਸ ਦੀ ਆਸ ਰੱਖਿਆਂ ਸਾਰੇ ਸੁਖ ਆਨੰਦ ਮਿਲਦੇ ਹਨ।
13626	296	ਚਾਰਿ ਕੁੰਟ ਦਹ ਦਿਸਿ ਭ੍ਰਮਿਓ ਤਿਸੁ ਬਿਨੁ ਅਵਰੁ ਨ ਕੋਇ॥		Chaar Kuntt Dheh Dhis Bhramiou This Bin Avar N Koe ||	I wandered around the four corners of the world and in the ten directions, but I saw nothing except Him.	ਮੈਂ ਚੌਹਾਂ ਕੁਟਾਂ ਤੇ ਦਸੀਂ ਪਾਸੀਂ ਫਿਰ ਕੇ ਵੇਖ ਲਿਆ ਹੈ ਉਸ (ਮਾਲਕ-ਪ੍ਰਭੂ) ਤੋਂ ਬਿਨਾ ਹੋਰ ਕੋਈ (ਰਾਖਾ) ਨਹੀਂ ਹੈ।

13627	296	ਬੇਦ ਪੁਰਾਨ ਸਿਮ੍ਰਿਤਿ ਸੁਨੇ ਬਹੁ ਬਿਧਿ ਕਰਉ ਬੀਚਾਰੁ॥	ਸਿਮ-ਰ੍ਿਤਿ	Baedh Puraan Simrith Sunae Bahu Bidhh Karo Beechaar ||	I listened to the Vedas, the Puraanas and the Simritees, and I pondered over them in so many ways.	(ਹੇ ਭਾਈ!) ਵੇਦ ਪੁਰਾਣ ਸਿਮ੍ਰਿਤੀਆਂ (ਆਦਿਕ ਧਰਮ-ਪੁਸਤਕ) ਸੁਣ ਕੇ ਮੈਂ (ਹੋਰ ਭੀ) ਅਨੇਕਾਂ ਤਰੀਕਿਆਂ ਨਾਲ ਵਿਚਾਰ ਕਰਦਾ ਹਾਂ,
13628	296	ਪਤਿਤ ਉਧਾਰਨ ਭੈ ਹਰਨ ਸੁਖਸਾਗਰ ਨਿਰੰਕਾਰ॥		Pathith Oudhhaaran Bhai Haran Sukh Saagar Nirankaar ||	The Saving Grace of sinners, the Destroyer of fear, the Ocean of peace, the Formless Lord.	(ਤੇ ਇਸੇ ਨਤੀਜੇ ਤੇ ਪਹੁੰਚਦਾ ਹਾਂ ਕਿ) ਅਕਾਰ-ਰਹਿਤ ਪਰਮਾਤਮਾ ਹੀ (ਵਿਕਾਰਾਂ ਵਿਚ) ਡਿੱਗੇ ਹੋਏ ਜੀਵਾਂ ਨੂੰ (ਵਿਕਾਰਾਂ ਤੋਂ) ਬਚਾਣ ਵਾਲਾ ਹੈ (ਜੀਵਾਂ ਦੇ) ਸਾਰੇ ਡਰ ਦੂਰ ਕਰਨ ਵਾਲਾ ਹੈ ਤੇ ਸੁਖਾਂ ਦਾ ਸਮੁੰਦਰ ਹੈ।
13629	296	ਦਾਤਾ ਭੁਗਤਾ ਦੇਨਹਾਰੁ ਤਿਸੁ ਬਿਨੁ ਅਵਰੁ ਨ ਜਾਇ॥		Dhaathaa Bhugathaa Dhaenehaar This Bin Avar N Jaae ||	The Great Giver, the Enjoyer, the Bestower - there is no place at all without Him.	ਉਹ ਪਰਮਾਤਮਾ ਹੀ ਸਭ ਦਾਤਾਂ ਦੇਣ ਵਾਲਾ ਹੈ, (ਸਭ ਜੀਵਾਂ ਵਿਚ ਵਿਆਪਕ ਹੋ ਕੇ ਸਾਰੇ ਪਦਾਰਥ) ਭੋਗਣ ਵਾਲਾ ਹੈ, ਸਭ ਕੁਝ ਦੇਣ ਦੀ ਸਮਰੱਥਾ ਵਾਲਾ ਹੈ, ਉਸ ਤੋਂ ਬਿਨਾ (ਜੀਵਾਂ ਵਾਸਤੇ) ਹੋਰ ਕੋਈ ਥਾਂ-ਆਸਰਾ ਨਹੀਂ ਹੈ।
13630	296	ਜੋ ਚਾਹਹਿ ਸੋਈ ਮਿਲੈ ਨਾਨਕ ਹਰਿ ਗੁਨ ਗਾਇ॥੧॥	ਚਾਹ-ਹਿ	Jo Chaahehi Soee Milai Naanak Har Gun Gaae ||1||	You shall obtain all that you desire, O Nanak, singing the Glorious Praises of the Lord. ||1||	ਹੇ ਨਾਨਕ! (ਸਦਾ) ਪਰਮਾਤਮਾ ਦੇ ਗੁਣ ਗਾਂਦਾ ਰਹੁ, (ਉਸ ਪਾਸੋਂ) ਜੋ ਕੁਝ ਤੂੰ ਚਾਹੇਂਗਾ ਉਹੀ ਮਿਲ ਜਾਂਦਾ ਹੈ ॥੧॥

13631	296	ਗੋਬਿੰਦ ਜਸੁ ਗਾਈਐ ਹਰਿ ਨੀਤ॥		Gobindh Jas Gaaeeai Har Neeth ||	Sing the Praises of the Lord, the Lord of the Universe, each and every day.	ਹੇ ਮੇਰੇ ਮਿੱਤਰ! ਸਦਾ ਹੀ ਗੋਬਿੰਦ-ਪ੍ਰਭੂ ਦੀ ਸਿਫਤਿ-ਸਾਲਾਹ ਗਾਂਦੇ ਰਹਿਣਾ ਚਾਹੀਦਾ ਹੈ,
13632	296	ਮਿਲਿ ਭਜੀਐ ਸਾਧਸੰਗਿ ਮੇਰੇ ਮੀਤ॥੧॥ਰਹਾਉ॥	ਭਜੀਐ: ਪੋਲਾ ਬੋਲੋ	Mil Bhajeeai Saadhhasang Maerae Meeth ||1|| Rehaao ||	Join the Saadh Sangat, the Company of the Holy, and vibrate, meditate on Him, O my friend. ||1||Pause||	ਸਾਧ ਸੰਗਤਿ ਵਿਚ ਮਿਲ ਕੇ (ਉਸ ਦਾ) ਭਜਨ-ਸਿਮਰਨ ਕਰਨਾ ਚਾਹੀਦਾ ਹੈ ॥੧॥ ਰਹਾਉ ॥
13633	296	ਸਲੋਕੁ॥		Salok ||	Shalok:	ਸਲੋਕੁ
13634	296	ਕਰਉ ਬੰਦਨਾ ਅਨਿਕ ਵਾਰ ਸਰਨਿ ਪਰਉ ਹਰਿ ਰਾਇ॥		Karo Bandhanaa Anik Vaar Saran Paro Har Raae ||	Bow in humility to the Lord, over and over again, and enter the Sanctuary of the Lord, our King.	(ਹੇ ਭਾਈ!) ਮੈਂ ਪ੍ਰਭੂ-ਪਾਤਿਸ਼ਾਹ ਦੀ ਸਰਨ ਪੈਂਦਾ ਹਾਂ ਤੇ (ਉਸ ਦੇ ਦਰ ਤੇ) ਅਨੇਕਾਂ ਵਾਰੀ ਨਮਸਕਾਰ ਕਰਦਾ ਹਾਂ।
13635	296	ਭ੍ਰਮੁ ਕਟੀਐ ਨਾਨਕ ਸਾਧਸੰਗਿ ਦੁਤੀਆ ਭਾਉ ਮਿਟਾਇ॥੨॥	(ਦੁਤੀਆ) ਦੂਜਾ। ਕੱਟੀਐ	Bhram Katteeai Naanak Saadhhasang Dhutheeaa Bhaao Mittaae ||2||	Doubt is eradicated, O Nanak, in the Company of the Holy, and the love of duality is eliminated. ||2||	ਹੇ ਨਾਨਕ! ਸਾਧ ਸੰਗਤਿ ਵਿਚ ਰਹਿ ਕੇ (ਪ੍ਰਭੂ ਤੋਂ ਬਿਨਾ) ਹੋਰ ਹੋਰ ਮੋਹ-ਪਿਆਰ ਦੂਰ ਕੀਤਿਆਂ ਮਨ ਦੀ ਭਟਕਣਾ ਦੂਰ ਹੋ ਜਾਂਦੀ ਹੈ ॥੨॥
13636	296	ਪਉੜੀ॥		Pourree ||	Pauree:	ਪਉੜੀ

13637	296	ਦੁਤੀਆ ਦੁਰਮਤਿ ਦੂਰਿ ਕਰਿ ਗੁਰ ਸੇਵਾ ਕਰਿ ਨੀਤ॥	ਦੁਤੀਆ: ਪੋਲਾ ਬੋਲੋ। ਦੁਰ-ਮੱਤਿ	Dhutheeaa Dhuramath Dhoor Kar Gur Saevaa Kar Neeth ||	The second day of the lunar cycle: Get rid of your evil-mindedness, and serve the Guru continually.	(ਹੇ ਭਾਈ!) ਸਦਾ ਗੁਰੂ ਦੀ ਦੱਸੀ ਸੇਵਾ ਕਰਦਾ ਰਹੁ, (ਤੇ ਇਸ ਤਰ੍ਹਾਂ ਆਪਣੇ ਅੰਦਰੋਂ) ਖੋਟੀ ਮਤਿ ਕੱਢ।
13638	296	ਰਾਮ ਰਤਨੁ ਮਨਿ ਤਨਿ ਬਸੈ ਤਜਿ ਕਾਮੁ ਕ੍ਰੋਧੁ ਲੋਭੁ ਮੀਤ॥		Raam Rathan Man Than Basai Thaj Kaam Krodhh Lobh Meeth ||	The jewel of the Lord's Name shall come to dwell in your mind and body, when you renounce sexual desire, anger and greed, O my friend.	ਹੇ ਮਿੱਤਰ! (ਆਪਣੇ ਅੰਦਰੋਂ) ਕਾਮ ਕ੍ਰੋਧ ਲੋਭ ਦੂਰ ਕਰ। (ਜੇਹੜਾ ਮਨੁੱਖ ਇਹ ਉੱਦਮ ਕਰਦਾ ਹੈ ਉਸ ਦੇ) ਮਨ ਵਿਚ ਹਿਰਦੇ ਵਿਚ ਰਤਨ (ਵਰਗਾ ਕੀਮਤੀ) ਪ੍ਰਭੂ-ਨਾਮ ਆ ਵੱਸਦਾ ਹੈ।
13639	296	ਮਰਣੁ ਮਿਟੈ ਜੀਵਨੁ ਮਿਲੈ ਬਿਨਸਹਿ ਸਗਲ ਕਲੇਸ॥	ਬਿਨਸਹਿ	Maran Mittai Jeevan Milai Binasehi Sagal Kalaes ||	Conquer death and obtain eternal life; all your troubles will depart.	(ਜੇਹੜਾ ਮਨੁੱਖ ਇਉਂ ਜਤਨ ਕਰਦਾ ਹੈ ਉਸ ਨੂੰ) ਆਤਮਕ ਜੀਵਨ ਮਿਲ ਜਾਂਦਾ ਹੈ, ਉਸ ਨੂੰ (ਸੁਚੱਜਾ ਪਵਿਤ੍ਰ) ਜੀਵਨ ਮਿਲ ਪੈਂਦਾ ਹੈ, ਉਸ ਦੇ ਸਾਰੇ ਦੁੱਖ ਕਲੇਸ਼ ਮਿਟ ਜਾਂਦੇ ਹਨ,
13640	296	ਆਪੁ ਤਜਹੁ ਗੋਬਿੰਦ ਭਜਹੁ ਭਾਉ ਭਗਤਿ ਪਰਵੇਸ॥		Aap Thajahu Gobindh Bhajahu Bhaao Bhagath Paravaes ||	Renounce your self-conceit and vibrate upon the Lord of the Universe; loving devotion to Him shall permeate your being.	(ਹੇ ਮਿੱਤਰ! ਆਪਣੇ ਮਨ ਵਿਚੋਂ) ਹਉਮੈ ਦੂਰ ਕਰੋ ਤੇ ਪਰਮਾਤਮਾ ਦਾ ਭਜਨ ਕਰੋ। (ਜੇਹੜਾ ਮਨੁੱਖ ਇਉਂ ਜਤਨ ਕਰਦਾ ਹੈ) ਉਸ ਦੇ ਅੰਦਰ ਪ੍ਰਭੂ-ਪ੍ਰੇਮ ਆ ਵੱਸਦਾ ਹੈ ਪ੍ਰਭੂ ਦੀ ਭਗਤੀ ਆ ਵੱਸਦੀ ਹੈ।

13641	297	ਲਾਭੁ ਮਿਲੈ ਤੋਟਾ ਹਿਰੈ ਹਰਿ ਦਰਗਹ ਪਤਿਵੰਤ॥		Laabh Milai Thottaa Hirai Har Dharageh Pathivanth ||	You shall earn profit and suffer no loss, and in the Court of the Lord you shall be honored.	(ਆਤਮਕ ਜੀਵਨ ਵਿੱਚ ਉਹਨਾਂ ਨੂੰ) ਵਾਧਾ ਹੀ ਵਾਧਾ ਪੈਂਦਾ ਹੈ ਤੇ (ਆਤਮਕ ਜੀਵਨ ਵਿਚ ਪੈ ਰਹੀ) ਘਾਟ (ਉਹਨਾਂ ਦੇ ਅੰਦਰੋਂ) ਨਿਕਲ ਜਾਂਦੀ ਹੈ, ਉਹ ਪਰਮਾਤਮਾ ਦੀ ਦਰਗਾਹ ਵਿਚ ਇੱਜ਼ਤ ਵਾਲੇ ਹੋ ਜਾਂਦੇ ਹਨ।
13642	297	ਰਾਮ ਨਾਮ ਧਨੁ ਸੰਚਵੈ ਸਾਚ ਸਾਹ ਭਗਵੰਤ॥		Raam Naam Dhhan Sanchavai Saach Saah Bhagavanth ||	Those who gather in the riches of the Lord's Name are truly wealthy, and very blessed.	(ਹੇ ਭਾਈ!) ਜੇਹੜਾ ਜੇਹੜਾ ਮਨੁੱਖ ਪਰਮਾਤਮਾ ਦਾ ਨਾਮ-ਧਨ ਇਕੱਠਾ ਕਰਦਾ ਹੈ, ਉਹ ਸਭ ਭਾਗਾਂ ਵਾਲੇ ਹੋ ਜਾਂਦੇ ਹਨ, ਉਹ ਸਦਾ ਲਈ ਸਾਹੂਕਾਰ ਬਣ ਜਾਂਦੇ ਹਨ,
13643	297	ਊਠਤ ਬੈਠਤ ਹਰਿ ਭਜਹੁ ਸਾਧੂਸੰਗਿ ਪਰੀਤਿ॥	ਭਜਹੁ	Oothath Baithath Har Bhajahu Saadhhoo Sang Pareeth ||	So, when standing up and sitting down, vibrate upon the Lord, and cherish the Saadh Sangat, the Company of the Holy.	(ਹੇ ਭਾਈ!) ਉਠਦਿਆਂ ਬੈਠਦਿਆਂ ਹਰ ਵੇਲੇ ਪਰਮਾਤਮਾ ਦਾ ਭਜਨ ਕਰੋ ਤੇ ਗੁਰੂ ਦੀ ਸੰਗਤਿ ਵਿਚ ਪ੍ਰੇਮ ਪੈਦਾ ਕਰੋ।
13644	297	ਨਾਨਕ ਦੁਰਮਤਿ ਛੁਟਿ ਗਈ ਪਾਰਬ੍ਰਹਮ ਬਸੇ ਚੀਤਿ॥੨॥	ਛੁੱਟਿ	Naanak Dhuramath Shhutt Gee Paarabreham Basae Cheeth ||2||	O Nanak, evil-mindedness is eradicated, when the Supreme Lord God comes to dwell in the mind. ||2||	ਹੇ ਨਾਨਕ! (ਜਿਸ ਮਨੁੱਖ ਨੇ ਇਹ ਉੱਦਮ ਕੀਤਾ ਉਸ ਦੀ) ਖੋਟੀ ਮਤਿ ਮੁੱਕ ਗਈ, ਪਰਮਾਤਮਾ ਸਦਾ ਲਈ ਉਸ ਦੇ ਚਿੱਤ ਵਿਚ ਆ ਵੱਸਿਆ ॥੨॥
13645	297	ਸਲੋਕੁ॥		Salok ||	Shalok:	ਸਲੋਕ

13646	297	ਤੀਨਿ ਬਿਆਪਹਿ ਜਗਤ ਕਉ ਤੁਰੀਆ ਪਾਵੈ ਕੋਇ॥	(ਤੁਰੀਆ) ਚੌਥੀ। ਬਿਆਪਹਿ	Theen Biaapehi Jagath Ko Thureeaa Paavai Koe ||	The world is in the grip of the three qualities; only a few attain the fourth state of absorption.	ਹੇ ਨਾਨਕ! ਜਗਤ (ਦੇ ਜੀਵਾਂ) ਉਤੇ (ਮਾਇਆ ਦੇ) ਤਿੰਨ ਗੁਣ ਆਪਣਾ ਜ਼ੋਰ ਪਾਈ ਰੱਖਦੇ ਹਨ। ਕੋਈ ਵਿਰਲਾ ਮਨੁੱਖ ਉਹ ਚੌਥੀ ਅਵਸਥਾ ਪ੍ਰਾਪਤ ਕਰਦਾ ਹੈ ਜਿੱਥੇ ਉਹ ਪਰਮਾਤਮਾ ਨਾਲ ਜੁੜਿਆ ਰਹਿੰਦਾ ਹੈ।
13647	297	ਨਾਨਕ ਸੰਤ ਨਿਰਮਲ ਭਏ ਜਿਨ ਮਨਿ ਵਸਿਆ ਸੋਇ॥੩॥		Naanak Santh Niramal Bheae Jin Man Vasiaa Soe ||3||	O Nanak, the Saints are pure and immaculate; the Lord abides within their minds. ||3||	ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਉਹ ਪਰਮਾਤਮਾ ਹੀ ਸਦਾ ਵੱਸਦਾ ਹੈ, ਉਹ ਸੰਤ ਜਨ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ ॥੩॥
13648	297	ਪਉੜੀ॥		Pourree ||	Pauree:	ਪਉੜੀ
13649	297	ਤ੍ਰਿਤੀਆ ਤ੍ਰੈ ਗੁਣ ਬਿਖੈ ਫਲ ਕਬ ਉਤਮ ਕਬ ਨੀਚੁ॥	ਚੰਦ੍ਰਮਾ ਦੇ ਚਾਨਣ ਹਨੇਰੇ ਪੱਖ ਦੀ (ਤ੍ਰਿਤੀਆ) ਤੀਜੀ ਥਿੱਤ	Thritheeaa Thrai Gun Bikhai Fal Kab Outham Kab Neech ||	The third day of the lunar cycle: Those who are bound by the three qualities gather poison as their fruit; now they are good, and now they are bad.	ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਹੇਠ ਜੀਵਾਂ ਨੂੰ ਵਿਸ਼ੇ-ਵਿਕਾਰ-ਰੂਪ ਫਲ ਹੀ ਮਿਲਦੇ ਹਨ, ਕਦੇ ਕੋਈ (ਥੋੜੇ ਚਿਰ ਲਈ) ਚੰਗੀ ਅਵਸਥਾ ਮਾਣਦੇ ਹਨ ਕਦੇ ਨੀਵੀਂ ਅਵਸਥਾ ਵਿਚ ਡਿੱਗ ਪੈਂਦੇ ਹਨ।

13650	297	ਨਰਕ ਸੁਰਗ ਭ੍ਰਮਤਉ ਘਣੋ ਸਦਾ ਸੰਘਾਰੈ ਮੀਚੁ॥	(ਸੰਘਾਰੈ) ਖਤਮ ਕਰੇ। (ਮੀਚੁ) ਮੌਤ। ਭ੍ਰਮ-ਤਉ	Narak Surag Bhramatho Ghano Sadhaa Sanghaarai Meech ||	They wander endlessly in heaven and hell, until death annihilates them.	ਜੀਵਾਂ ਨੂੰ ਨਰਕ ਸੁਰਗ (ਦੁੱਖ ਸੁਖ ਭੋਗਣੇ ਪੈਂਦੇ ਹਨ) ਬਹੁਤ ਭਟਕਣਾ ਲੱਗੀ ਰਹਿੰਦੀ ਹੈ, ਤੇ ਮੌਤ ਦਾ ਸਹਮ ਸਦਾ ਉਹਨਾਂ ਦੀ ਆਤਮਕ ਮੌਤ ਦਾ ਕਾਰਨ ਬਣਿਆ ਰਹਿੰਦਾ ਹੈ।
13651	297	ਹਰਖ ਸੋਗ ਸਹਸਾ ਸੰਸਾਰੁ ਹਉ ਹਉ ਕਰਤ ਬਿਹਾਇ॥		Harakh Sog Sehasaa Sansaar Ho Ho Karath Bihaae ||	In pleasure and pain and worldly cynicism, they pass their lives acting in ego.	(ਤਿੰਨ ਗੁਣਾਂ ਦੇ ਅਧੀਨ ਜੀਵਾਂ ਦੀ ਉਮਰ) ਅਹੰਕਾਰ ਵਿਚ ਬੀਤਦੀ ਹੈ, ਕਦੇ ਖ਼ੁਸ਼ੀ ਕਦੇ ਗ਼ਮੀ ਕਦੇ ਸਹਮ-ਇਹ ਚੱਕਰ (ਉਹਨਾਂ ਵਾਸਤੇ ਸਦਾ ਬਣਿਆ ਰਹਿੰਦਾ ਹੈ)।
13652	297	ਜਿਨਿ ਕੀਏ ਤਿਸਹਿ ਨ ਜਾਣਨੀ ਚਿਤਵਹਿ ਅਨਿਕ ਉਪਾਇ॥		Jin Keeeae Thisehi N Jaananee Chithavehi Anik Oupaae ||	They do not know the One who created them; they think up all sorts of schemes and plans.	ਜਿਸ ਪਰਮਾਤਮਾ ਨੇ ਪੈਦਾ ਕੀਤਾ ਹੈ, ਉਸ ਨਾਲ ਡੂੰਘੀ ਸਾਂਝ ਨਹੀਂ ਪਾਂਦੇ ਤੇ (ਤੀਰਥ-ਇਸ਼ਨਾਨ ਆਦਿਕ) ਹੋਰ ਹੋਰ ਧਾਰਮਿਕ ਜਤਨ ਉਹ ਸਦਾ ਸੋਚਦੇ ਰਹਿੰਦੇ ਹਨ।
13653	297	ਆਧਿ ਬਿਆਧਿ ਉਪਾਧਿ ਰਸ ਕਬਹੁ ਨ ਤੂਟੈ ਤਾਪ॥	(ਆਧਿ) ਮਨ ਦੇ ਰੋਗ। (ਬਿਆਧਿ) ਸ੍ਰੀਰਕ ਰੋਗ। (ਉਪਾਧਿ) ਦੁੱਖ ਕਲੇਸ਼	Aadhh Biaadhh Oupaadhh Ras Kabahu N Thoottai Thaap ||	Their minds and bodies are distracted by pleasure and pain, and their fever never departs.	ਦੁਨਿਆ ਦੇ ਰਸਾਂ (ਚਸਕਿਆਂ) ਦੇ ਕਾਰਨ ਜੀਵ ਨੂੰ ਮਨ ਦੇ ਰੋਗ ਸਰੀਰ ਦੇ ਰੋਗ ਤੇ ਹੋਰ ਝਗੜੇ-ਝੰਬੇਲੇ ਚੰਬੜੇ ਹੀ ਰਹਿੰਦੇ ਹਨ, ਕਦੇ ਇਸ ਦੇ ਮਨ ਦਾ ਦੁੱਖ-ਕਲੇਸ਼ ਮਿਟਦਾ ਨਹੀਂ ਹੈ।

13654	297	ਪਾਰਬ੍ਰਹਮ ਪੂਰਨ ਧਨੀ ਨਹ ਬੂਝੈ ਪਰਤਾਪ॥	ਬੂੱਝੈ	Paarabreham Pooran Dhhanee Neh Boojhai Parathaap ||	They do not realize the glorious radiance of the Supreme Lord God, the Perfect Lord and Master.	(ਰਸਾਂ ਵਿਚ ਫਸਿਆ ਮਨੁੱਖ) ਪੂਰਨ ਪਾਰ੍ਬਹਮ ਮਾਲਕ-ਪ੍ਰਭੂ ਦੇ ਪਰਤਾਪ ਨੂੰ ਨਹੀਂ ਸਮਝਦਾ।
13655	297	ਮੋਹ ਭਰਮ ਬੂਡਤ ਘਣੋ ਮਹਾ ਨਰਕ ਮਹਿ ਵਾਸ॥		Moh Bharam Booddath Ghano Mehaa Narak Mehi Vaas ||	So many are being drowned in emotional attachment and doubt; they dwell in the most horrible hell.	ਬੇਅੰਤ ਲੁਕਾਈ ਮਾਇਆ ਦੇ ਮੋਹ ਤੇ ਭਟਕਣਾ ਵਿਚ ਗੋਤੇ ਖਾ ਰਹੀ ਹੈ, ਭਾਰੇ ਨਰਕਾਂ (ਦੁੱਖਾਂ) ਵਿਚ ਦਿਨ ਕੱਟ ਰਹੀ ਹੈ।
13656	297	ਕਰਿ ਕਿਰਪਾ ਪ੍ਰਭ ਰਾਖਿ ਲੇਹੁ ਨਾਨਕ ਤੇਰੀ ਆਸ॥੩॥		Kar Kirapaa Prabh Raakh Laehu Naanak Thaeree Aas ||3||	Please bless me with Your Mercy, God, and save me! Nanak places his hopes in You. ||3||	(ਇਸ ਤੋਂ ਬਚਣ ਲਈ) ਹੇ ਨਾਨਕ! (ਅਰਦਾਸ ਕਰ ਤੇ ਆਖ-) ਹੇ ਪ੍ਰਭੂ! ਕਿਰਪਾ ਕਰ ਕੇ ਮੇਰੀ ਰੱਖਿਆ ਕਰ, ਮੈਨੂੰ ਤੇਰੀ (ਸਹਾਇਤਾ ਦੀ) ਹੀ ਆਸ ਹੈ ॥੩॥
13657	297	ਸਲੋਕੁ॥		Salok ||	Shalok:	ਸਲੋਕੁ
13658	297	ਚਤੁਰ ਸਿਆਣਾ ਸੁਘੜੁ ਸੋਇ ਜਿਨਿ ਤਜਿਆ ਅਭਿਮਾਨੁ॥	ਚਤੁਰ। ਸੁਘ-ੜੁ: ਪੋਲੇ ਬੋਲੋ	Chathur Siaanaa Sugharr Soe Jin Thajiaa Abhimaan ||	One who renounces egotistical pride is intelligent, wise and refined.	(ਨਾਮ ਦੀ ਬਰਕਤਿ ਨਾਲ) ਜਿਸ ਮਨੁੱਖ ਨੇ (ਆਪਣੇ ਮਨ ਵਿਚੋਂ) ਅਹੰਕਾਰ ਦੂਰ ਕਰ ਲਿਆ ਹੈ, ਉਹੀ ਹੈ ਅਕਲਮੰਦ ਸਿਆਣਾ ਤੇ ਸੁਚੱਜਾ।

13659	297	ਚਾਰਿ ਪਦਾਰਥ ਅਸਟ ਸਿਧਿ ਭਜੁ ਨਾਨਕ ਹਰਿ ਨਾਮੁ॥੪॥	ਅਸਟ ਸੱਸੇ ਪੈਰ ਬਿੰਦੀ ਨਹੀਂ ਲਾਉਣੀ। ਭਜੁ: ਪੋਲਾ ਬੋਲੋ	Chaar Padhaarathh Asatt Sidhh Bhaj Naanak Har Naam ||4||	The four cardinal blessings, and the eight spiritual powers of the Siddhas are obtained, O Nanak, by meditating, vibrating on the Lord's Name. ||4||	ਹੇ ਨਾਨਕ! ਪਰਮਾਤਮਾ ਦਾ ਨਾਮ (ਸਦਾ) ਜਪਦਾ ਰਹੁ (ਇਸੇ ਵਿਚ ਹਨ ਦੁਨੀਆ ਦੇ) ਚਾਰੇ ਪਦਾਰਥ ਤੇ (ਜੋਗੀਆਂ ਵਾਲੀਆਂ) ਅੱਠੇ ਕਰਾਮਾਤੀ ਤਾਕਤਾਂ ॥੪॥
13660	297	ਪਉੜੀ॥		Pourree ||	Pauree:	ਪਉੜੀ
13661	297	ਚਤੁਰਥਿ ਚਾਰੇ ਬੇਦ ਸੁਨਿ ਸੋਧਿਓ ਤਤੁ ਬੀਚਾਰੁ॥	ਚੰਦ੍ਰਮਾ ਦੇ ਚਾਨਣ ਹਨੇਰੇ ਪੱਖ ਦੀ (ਚਤੁ-ਰਥਿ) ਚਉਥੀ ਥਿੱਤ	Chathurathh Chaarae Baedh Sun Sodhhiou Thath Beechaar ||	The fourth day of the lunar cycle: Listening to the four Vedas, and contemplating the essence of reality, I have come to realize	ਚਾਰੇ ਹੀ ਵੇਦ ਸੁਣ ਕੇ (ਅਸਾਂ ਤਾਂ ਇਹ) ਨਿਰਨਾ ਕੀਤਾ ਹੈ,
13662	297	ਸਰਬ ਖੇਮ ਕਲਿਆਣ ਨਿਧਿ ਰਾਮ ਨਾਮੁ ਜਪਿ ਸਾਰੁ॥	(ਖੇਮ) ਮੁਕਤੀ। (ਕਲਿਆਣ) ਅਨੰਦ	Sarab Khaem Kaliaan Nidhh Raam Naam Jap Saar ||	That the treasure of all joy and comfort is found in sublime meditation on the Lord's Name.	(ਇਹੀ) ਅਸਲ ਵਿਚਾਰ (ਦੀ ਗੱਲ ਲੱਭੀ) ਹੈ ਕਿ ਪਰਮਾਤਮਾ ਦਾ ਸ੍ਰੇਸ਼ਟ ਨਾਮ ਜਪ ਕੇ ਸਾਰੇ ਸੁਖ ਮਿਲ ਜਾਂਦੇ ਹਨ, ਸੁਖਾਂ ਦਾ ਖ਼ਜ਼ਾਨਾ ਪ੍ਰਾਪਤ ਹੋ ਜਾਂਦਾ ਹੈ।
13663	297	ਨਰਕ ਨਿਵਾਰੈ ਦੁਖ ਹਰੈ ਤੂਟਹਿ ਅਨਿਕ ਕਲੇਸ॥	(ਹਰੈ) ਨਾਸ ਕਰੇ। ਤੂਟਹਿ	Narak Nivaarai Dhukh Harai Thoottehi Anik Kalaes ||	One is saved from hell, suffering is destroyed, countless pains depart,	(ਪਰਮਾਤਮਾ ਦਾ ਨਾਮ) ਨਰਕਾਂ ਤੋਂ ਬਚਾ ਲੈਂਦਾ ਹੈ, ਸਾਰੇ ਦੁੱਖ ਦੂਰ ਕਰ ਦੇਂਦਾ ਹੈ, (ਨਾਮ ਦੀ ਬਰਕਤਿ ਨਾਲ) ਅਨੇਕਾਂ ਹੀ ਕਲੇਸ਼ ਮਿਟ ਜਾਂਦੇ ਹਨ।

13664	297	ਮੀਚੁ ਹੁਟੈ ਜਮ ਤੇ ਛੁਟੈ ਹਰਿ ਕੀਰਤਨ ਪਰਵੇਸ॥		Meech Huttai Jam Thae Shhuttai Har Keerathan Paravaes ||	Death is overcome, and one escapes the Messenger of Death, by absorption in the Kirtan of the Lord's Praises.	(ਜਿਸ ਮਨੁੱਖ ਦੇ ਹਿਰਦੇ ਵਿੱਚ) ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਪਰਵੇਸ਼ ਰਹਿੰਦਾ ਹੈ, ਉਸ ਦੀ ਆਤਮਕ ਮੌਤ ਮਿਟ ਜਾਂਦੀ ਹੈ, ਉਹ ਜਮ ਤੋਂ ਖ਼ਲਾਸੀ ਪ੍ਰਾਪਤ ਕਰ ਲੈਂਦਾ ਹੈ।
13665	297	ਭਉ ਬਿਨਸੈ ਅੰਮ੍ਰਿਤੁ ਰਸੈ ਰੰਗਿ ਰਤੇ ਨਿਰੰਕਾਰ॥		Bho Binasai Anmrith Rasai Rang Rathae Nirankaar ||	Fear departs, and one savors the Ambrosial Nectar, imbued with the Love of the Formless Lord.	ਜੇ ਨਿਰੰਕਾਰ-ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਜਾਈਏ ਤਾਂ (ਮਨ ਵਿਚੋਂ ਹਰੇਕ ਕਿਸਮ ਦਾ) ਡਰ ਨਾਸ ਹੋ ਜਾਂਦਾ ਹੈ ਤੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਹਿਰਦੇ ਵਿਚ) ਰਚ-ਮਿਚ ਜਾਂਦਾ ਹੈ।
13666	297	ਦੁਖ ਦਾਰਿਦ ਅਪਵਿਤ੍ਰਤਾ ਨਾਸਹਿ ਨਾਮ ਅਧਾਰ॥	ਅਪਵਿੱਤ੍ਰ-ਤਾ। ਨਾਸ-ਹਿ	Dhukh Dhaaridh Apavithrathaa Naasehi Naam Adhhaar ||	Pain, poverty and impurity are removed, with the Support of the Naam, the Name of the Lord.	ਪਰਮਾਤਮਾ ਦੇ ਨਾਮ ਦੇ ਆਸਰੇ ਦੁੱਖ ਗਰੀਬੀ ਤੇ ਵਿਕਾਰਾਂ ਤੋਂ ਪੈਦਾ ਹੋਈ ਮਲੀਨਤਾ-ਇਹ ਸਭੇ ਨਾਸ ਹੋ ਜਾਂਦੇ ਹਨ।
13667	297	ਸੁਰਿ ਨਰ ਮੁਨਿ ਜਨ ਖੋਜਤੇ ਸੁਖਸਾਗਰ ਗੋਪਾਲ॥		Sur Nar Mun Jan Khojathae Sukh Saagar Gopaal ||	The angels, the seers and the silent sages search for the Ocean of peace, the Sustainer of the world.	ਦੈਵੀ ਗੁਣਾਂ ਵਾਲੇ ਮਨੁੱਖ ਤੇ ਰਿਸ਼ੀ ਲੋਕ ਜਿਸ ਸੁਖਾਂ-ਦੇ-ਸਮੁੰਦਰ ਸ੍ਰਿਸ਼ਟੀ-ਦੇ-ਪਾਲਣਹਾਰ ਪ੍ਰਭੂ ਦੀ ਢੂੰਢ-ਭਾਲ ਕਰਦੇ ਹਨ,

13668	297	ਮਨੁ ਨਿਰਮਲੁ ਮੁਖੁ ਊਜਲਾ ਹੋਇ ਨਾਨਕ ਸਾਧ ਰਵਾਲ॥੪॥		Man Niramal Mukh Oojalaa Hoe Naanak Saadhh Ravaal ||4||	The mind becomes pure, and one's face is radiant, O Nanak, when one becomes the dust of the feet of the Holy. ||4||	ਹੇ ਨਾਨਕ! ਉਹ ਗੁਰੂ ਦੀ ਚਰਨ-ਧੂੜ ਪ੍ਰਾਪਤ ਕੀਤਿਆਂ ਮਿਲ ਪੈਂਦਾ ਹੈ (ਤੇ ਜਿਸ ਮਨੁੱਖ ਨੂੰ ਮਿਲ ਪੈਂਦਾ ਹੈ ਉਸ ਦਾ) ਮਨ ਪਵਿਤ੍ਰ ਹੋ ਜਾਂਦਾ ਹੈ (ਲੋਕ ਪਰਲੋਕ ਵਿਚ ਉਸ ਦਾ) ਮੂੰਹ ਰੌਸ਼ਨ ਹੁੰਦਾ ਹੈ ॥੪॥
13669	297	ਸਲੋਕੁ॥		Salok ||	Shalok:	ਸਲੋਕੁ:
13670	297	ਪੰਚ ਬਿਕਾਰ ਮਨ ਮਹਿ ਬਸੇ ਰਾਚੇ ਮਾਇਆ ਸੰਗਿ॥		Panch Bikaar Man Mehi Basae Raachae Maaeiaa Sang ||	The five evil passions dwell in the mind of one who is engrossed in Maya.	ਜੇਹੜੇ ਮਨੁੱਖ ਮਾਇਆ (ਦੇ ਮੋਹ) ਵਿਚ ਮਸਤ ਰਹਿੰਦੇ ਹਨ, ਉਹਨਾਂ ਦੇ ਮਨ ਵਿਚ (ਕਾਮ ਕ੍ਰੋਧ ਲੋਭ ਮੋਹ ਅਹੰਕਾਰ) ਪੰਜ ਵਿਕਾਰ ਟਿਕੇ ਰਹਿੰਦੇ ਹਨ।
13671	297	ਸਾਧਸੰਗਿ ਹੋਇ ਨਿਰਮਲਾ ਨਾਨਕ ਪ੍ਰਭ ਕੈ ਰੰਗਿ॥੫॥		Saadhhasang Hoe Niramalaa Naanak Prabh Kai Rang ||5||	In the Saadh Sangat, one becomes pure, O Nanak, imbued with the Love of God. ||5||	ਹੇ ਨਾਨਕ! ਪਰ ਜੇਹੜਾ ਮਨੁੱਖ ਗੁਰੂ ਦੀ ਸੰਗਤਿ ਵਿਚ (ਰਹਿ ਕੇ) ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਉਹ ਪਵਿਤ੍ਰ ਜੀਵਨ ਵਾਲਾ ਹੋ ਜਾਂਦਾ ਹੈ ॥੫॥
13672	297	ਪਉੜੀ॥		Pourree ||	Pauree:	ਪਉੜੀ
13673	297	ਪੰਚਮਿ ਪੰਚ ਪ੍ਰਧਾਨ ਤੇ ਜਿਹ ਜਾਨਿਓ ਪਰਪੰਚੁ॥	(ਪੰਚਮਿ) ਪੰਜਵੀਂ ਥਿੱਤ	Pancham Panch Pradhhaan Thae Jih Jaaniou Parapanch ||	The fifth day of the lunar cycle: They are the self-elect, the most distinguished, who know the true nature of the world.	(ਜਗਤ ਵਿਚ) ਉਹ ਸੰਤ ਜਨ ਸ੍ਰੇਸ਼ਟ ਮੰਨੇ ਜਾਂਦੇ ਹਨ ਜਿਨ੍ਹਾਂ ਨੇ ਇਸ ਜਗਤ-ਪਸਾਰੇ ਨੂੰ (ਇਉਂ) ਸਮਝ ਲਿਆ ਹੈ,

13674	297	ਕੁਸਮ ਬਾਸ ਬਹੁ ਰੰਗੁ ਘਣੋ ਸਭ ਮਿਥਿਆ ਬਲ ਬੰਚੁ॥	(ਕੁਸਮ) ਫ਼ੁੱਲ (ਬਾਸ) ਬਾਸਨਾ। (ਬੰਚੁ) ਠੱਗੀ। ਮਿਥਿਆ: ਪੋਲੇ ਬੋਲੋ	Kusam Baas Bahu Rang Ghano Sabh Mithhiaa Balabanch ||	The many colors and scents of flowers - all worldly deceptions are transitory and false.	(ਕਿ ਇਹ) ਫੁੱਲਾਂ ਦੀ ਸੁਗੰਧੀ (ਵਰਗਾ ਹੈ, ਤੇ ਭਾਵੇਂ) ਅਨੇਕਾਂ ਰੰਗਾਂ ਵਾਲਾ ਹੈ (ਫਿਰ ਭੀ) ਸਾਰਾ ਨਾਸਵੰਤ ਹੈ ਤੇ ਠੱਗੀ ਹੀ ਹੈ।
13675	297	ਨਹ ਜਾਪੈ ਨਹ ਬੂਝੀਐ ਨਹ ਕਛੁ ਕਰਤ ਬੀਚਾਰੁ॥		Neh Jaapai Neh Boojheeai Neh Kashh Karath Beechaar ||	People do not see, and they do not understand; they do not reflect upon anything.	ਇਸ ਨੂੰ (ਸਹੀ ਜੀਵਨ-ਜੁਗਤਿ) ਸੁੱਝਦੀ ਨਹੀਂ, ਇਹ ਸਮਝਦਾ ਨਹੀਂ, ਤੇ (ਸਹੀ ਜੀਵਨ-ਜੁਗਤਿ ਬਾਰੇ) ਕੋਈ ਵਿਚਾਰ ਨਹੀਂ ਕਰਦਾ।
13676	297	ਸੁਆਦ ਮੋਹ ਰਸ ਬੇਧਿਓ ਅਗਿਆਨਿ ਰਚਿਓ ਸੰਸਾਰੁ॥		Suaadh Moh Ras Baedhhiou Agiaan Rachiou Sansaar ||	The world is pierced through with attachment to tastes and pleasures, engrossed in ignorance.	ਜਗਤ (ਆਮ ਤੌਰ ਤੇ) ਅਗਿਆਨ ਵਿਚ ਮਸਤ ਰਹਿੰਦਾ ਹੈ, ਸੁਆਦਾਂ ਵਿਚ ਮੋਹ ਲੈਣ ਵਾਲੇ ਰਸਾਂ ਵਿਚ ਵਿੱਝਾ ਰਹਿੰਦਾ ਹੈ।
13677	297	ਜਨਮ ਮਰਣ ਬਹੁ ਜੋਨਿ ਭ੍ਰਮਣ ਕੀਨੇ ਕਰਮ ਅਨੇਕ॥		Janam Maran Bahu Jon Bhraman Keenae Karam Anaek ||	Those who perform empty religious rituals will be born, only to die again. They wander through endless incarnations.	(ਜਿਹੜਾ ਮਨੁੱਖ ਕਰਤਾਰ ਦਾ ਸਿਮਰਨ ਛੱਡ ਕੇ) ਹੋਰ ਹੋਰ ਅਨੇਕਾਂ ਕਰਮ ਕਰਦਾ ਰਿਹਾ, ਉਹ ਜਨਮ ਮਰਨ ਦੇ ਗੇੜ ਵਿਚ ਪਿਆ ਰਿਹਾ, ਉਹ ਅਨੇਕਾਂ ਜੂਨਾਂ ਵਿਚ ਭਟਕਦਾ ਰਿਹਾ।

13678	297	ਰਚਨਹਾਰੁ ਨਹ ਸਿਮਰਿਓ ਮਨਿ ਨ ਬੀਚਾਰਿ ਬਿਬੇਕ॥	(ਬਿਬੇਕ) ਪਰਖ	Rachanehaar Neh Simariou Man N Beechaar Bibaek ||	They do not meditate in remembrance on the Creator Lord; their minds do not understand.	ਉਸ ਨੇ ਸਿਰਜਣਹਾਰ ਕਰਤਾਰ ਦਾ ਸਿਮਰਨ ਨਹੀਂ ਕੀਤਾ, ਆਪਣੇ ਮਨ ਵਿਚ ਵਿਚਾਰ ਕੇ (ਭਲੇ ਬੁਰੇ ਕੰਮ ਦੀ) ਪਰਖ ਨਹੀਂ ਪੈਦਾ ਕੀਤੀ।
13679	297	ਭਾਉ ਭਗਤਿ ਭਗਵਾਨ ਸੰਗਿ ਮਾਇਆ ਲਿਪਤ ਨ ਰੰਚ॥	ਲਿਪਤ:ਪੋਲਾ ਬੋਲੋ। (ਲਿਪਤ) ਲੇਪ। (ਰੰਚ) ਥੋੜਾ ਭੀ	Bhaao Bhagath Bhagavaan Sang Maaeiaa Lipath N Ranch ||	By loving devotion to the Lord God, you shall not be polluted by Maya at all.	ਜੇਹੜੇ ਭਗਵਾਨ ਨਾਲ ਪ੍ਰੇਮ ਕਰਦੇ ਹਨ ਭਗਵਾਨ ਦੀ ਭਗਤੀ ਕਰਦੇ ਹਨ, ਜਿਨ੍ਹਾਂ ਉਤੇ ਮਾਇਆ ਆਪਣਾ ਰਤਾ ਭਰ ਭੀ ਪ੍ਰਭਾਵ ਨਹੀਂ ਪਾ ਸਕਦੀ,
13680	297	ਨਾਨਕ ਬਿਰਲੇ ਪਾਈਅਹਿ ਜੋ ਨ ਰਚਹਿ ਪਰਪੰਚ॥੫॥	(ਪਰਪੰਚ) ਸ੍ਰਿਸ਼ਟੀ	Naanak Biralae Paaeeahi Jo N Rachehi Parapanch ||5||	O Nanak, how rare are those, who are not engrossed in worldly entanglements. ||5||	ਹੇ ਨਾਨਕ! (ਜਗਤ ਵਿਚ ਅਜੇਹੇ ਬੰਦੇ) ਵਿਰਲੇ ਹੀ ਲੱਭਦੇ ਹਨ ਜੋ ਇਸ ਜਗਤ-ਖਿਲਾਰੇ (ਦੇ ਮੋਹ) ਵਿਚ ਨਹੀਂ ਫਸਦੇ ॥੫॥
13681	297	ਸਲੋਕੁ॥	ਖਟ: ਪੋਲਾ ਬੋਲੋ	Salok ||	Shalok:	ਸਲੋਕੁ
13682	297	ਖਟ ਸਾਸਤ੍ਰ ਊਚੌ ਕਹਹਿ ਅੰਤੁ ਨ ਪਾਰਾਵਾਰ॥		Khatt Saasathr Oocha Kehehi Anth N Paaraavaar ||	The six Shaastras proclaim Him to be the greatest; He has no end or limitation.	ਛੇ ਸ਼ਾਸਤ੍ਰ ਉੱਚੀ (ਪੁਕਾਰ ਕੇ) ਆਖਦੇ ਹਨ ਕਿ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ, ਪਰਮਾਤਮਾ ਦੀ ਹਸਤੀ ਦਾ ਉਰਲਾ ਤੇ ਪਰਲਾ ਬੰਨਾ ਨਹੀਂ ਲੱਭ ਸਕਦਾ।

13683	297	ਭਗਤ ਸੋਹਹਿ ਗੁਣ ਗਾਵਤੇ ਨਾਨਕ ਪ੍ਰਭ ਕੈ ਦੁਆਰ॥੬॥	ਸੋਹਹਿ	Bhagath Sohehi Gun Gaavathae Naanak Prabh Kai Dhuaar ||6||	The devotees look beauteous, O Nanak, when they sing the Glories of God at His Door. ||6||	ਹੇ ਨਾਨਕ! ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ ਪਰਮਾਤਮਾ ਦੇ ਦਰ ਤੇ ਉਸ ਦੇ ਗੁਣ ਗਾਂਦੇ ਸੋਹਣੇ ਲੱਗਦੇ ਹਨ ॥੬॥
13684	297	ਪਉੜੀ॥		Pourree ||	Pauree:	ਪਉੜੀ
13685	297	ਖਸਟਮਿ ਖਟ ਸਾਸਤ੍ਰ ਕਹਹਿ ਸਿੰਮ੍ਰਿਤਿ ਕਥਹਿ ਅਨੇਕ॥	ਖਸਟਮਿ:ਪੋਲਾ ਬੋਲੋ। ਖਸਟਮਿ) ਛੇਵੀਂ ਥਿੱਤ। (ਖਟ) ਛੇ। ਸਿੰਮ-ਰ੍ਿਤਿ। ਕਹਹਿ	Khasattam Khatt Saasathr Kehehi Sinmrith Kathhehi Anaek ||	The sixth day of the lunar cycle: The six Shaastras say, and countless Simritees assert,	ਛੇ ਸ਼ਾਸਤ੍ਰ (ਪਰਮਾਤਮਾ ਦਾ ਸਰੂਪ) ਬਿਆਨ ਕਰਦੇ ਹਨ, ਅਨੇਕਾਂ ਸਿਮ੍ਰਿਤੀਆਂ (ਭੀ) ਬਿਆਨ ਕਰਦੀਆਂ ਹਨ,
13686	298	ਊਤਮੁ ਊਚੌ ਪਾਰਬ੍ਰਹਮੁ ਗੁਣ ਅੰਤੁ ਨ ਜਾਣਹਿ ਸੇਖ॥	(ਸੇਖ) ਸ਼ੇਸ਼ਨਾਗ। ਜਾਣਹਿ	Ootham Oocha Paarabreham Gun Anth N Jaanehi Saekh ||	That the Supreme Lord God is the most sublime and lofty. Even the thousand-tongued serpent does not know the limits of His Glories.	(ਪਰ ਕੋਈ ਉਸ ਦੇ ਗੁਣਾਂ ਦਾ ਅੰਤ ਨਹੀਂ ਪਾ ਸਕਦਾ)। ਪਰਮਾਤਮਾ (ਸਭ ਤੋਂ) ਸ੍ਰੇਸ਼ਟ ਤੇ (ਸਭ ਤੋਂ) ਉੱਚਾ ਹੈ (ਕਿਸੇ ਦੀ ਉਸ ਤਕ ਪਹੁੰਚ ਨਹੀਂ)।
13687	298	ਨਾਰਦ ਮੁਨਿ ਜਨ ਸੁਕ ਬਿਆਸ ਜਸੁ ਗਾਵਤ ਗੋਬਿੰਦ॥		Naaradh Mun Jan Suk Biaas Jas Gaavath Gobindh ||	Naarad, the humble beings, Suk and Vyaasa sing the Praises of the Lord of the Universe.	ਅਨੇਕਾਂ ਸ਼ੇਸ਼ਨਾਗ ਭੀ ਉਸ ਦੇ ਗੁਣਾਂ ਦਾ ਅੰਤ ਨਹੀਂ ਜਾਣ ਸਕਦੇ। ਨਾਰਦ ਰਿਸ਼ੀ, ਅਨੇਕਾਂ ਮੁਨੀ ਲੋਕ, ਸੁਖਦੇਵ ਅਤੇ ਬਿਆਸ (ਆਦਿਕ ਰਿਸ਼ੀ) ਗੋਬਿੰਦ ਦੀ ਸਿਫ਼ਤ-ਸਾਲਾਹ ਗਾਂਦੇ ਹਨ।

13688	298	ਰਸ ਗੀਧੇ ਹਰਿ ਸਿਉ ਬੀਧੇ ਭਗਤ ਰਚੇ ਭਗਵੰਤ॥	(ਗੀਧੇ) ਰੀਝੇ। (ਬੀਧੇ) ਵਿੰਨ੍ਹੇ	Ras Geedhhae Har Sio Beedhhae Bhagath Rachae Bhagavanth ||	They are imbued with the Lord's essence; united with Him; they are absorbed in devotional worship of the Lord God.	ਭਗਵਾਨ ਦੇ ਭਗਤ ਉਸ ਦੇ ਨਾਮ-ਰਸ ਵਿਚ ਭਿੱਜੇ ਰਹਿੰਦੇ ਹਨ, ਉਸ ਦੀ ਯਾਦ ਵਿਚ ਪ੍ਰੋਤੇ ਰਹਿੰਦੇ ਹਨ ਤੇ ਭਗਤੀ ਵਿਚ ਮਸਤ ਰਹਿੰਦੇ ਹਨ।
13689	298	ਮੋਹ ਮਾਨ ਭ੍ਰਮੁ ਬਿਨਸਿਓ ਪਾਈ ਸਰਨਿ ਦਇਆਲ॥		Moh Maan Bhram Binasiou Paaee Saran Dhaeiaal ||	Emotional attachment, pride and doubt are eliminated, when one takes to the Sanctuary of the Merciful Lord.	ਜਿਨ੍ਹਾਂ ਮਨੁੱਖਾਂ ਨੇ ਦਇਆ ਦੇ ਘਰ ਪ੍ਰਭੂ ਦਾ ਆਸਰਾ ਲੈ ਲਿਆ (ਉਹਨਾਂ ਦੇ ਅੰਦਰੋਂ ਮਾਇਆ ਦਾ) ਮੋਹ, ਅਹੰਕਾਰ ਤੇ ਭਟਕਣਾ ਸਭ ਕੁਝ ਨਾਸ ਹੋ ਗਿਆ।
13690	298	ਚਰਨਕਮਲ ਮਨਿ ਤਨਿ ਬਸੇ ਦਰਸਨੁ ਦੇਖਿ ਨਿਹਾਲ॥		Charan Kamal Man Than Basae Dharasan Dhaekh Nihaal ||	His Lotus Feet abide within my mind and body and I am enraptured, beholding the Blessed Vision of His Darshan.	ਜਿਨ੍ਹਾਂ ਦੇ ਮਨ ਵਿਚ ਹਿਰਦੇ ਵਿਚ ਪਰਮਾਤਮਾ ਦੇ ਸੋਹਣੇ ਚਰਨ ਵੱਸ ਪਏ, ਪਰਮਾਤਮਾ ਦਾ ਦਰਸਨ ਕਰ ਕੇ ਉਹਨਾਂ ਦਾ ਮਨ ਤਨ ਖਿੜ ਪਿਆ।
13691	298	ਲਾਭੁ ਮਿਲੈ ਤੋਟਾ ਹਿਰੈ ਸਾਧਸੰਗਿ ਲਿਵ ਲਾਇ॥	(ਹਿਰੈ) ਦੂਰ ਹੋਵੇ	Laabh Milai Thottaa Hirai Saadhhasang Liv Laae ||	People reap their profits, and suffer no loss, when they embrace love for the Saadh Sangat, the Company of the Holy.	ਸਾਧ ਸੰਗਤਿ ਦੀ ਰਾਹੀਂ ਪ੍ਰਭੂ-ਚਰਨਾਂ ਵਿਚ ਸੁਰਤ ਜੋੜ ਕੇ (ਉੱਚਾ ਆਤਮਕ ਜੀਵਨ-ਰੂਪ) ਲਾਭ ਖੱਟ ਲਈਦਾ ਹੈ (ਵਿਕਾਰਾਂ ਵਾਲੇ ਪਾਸੇ ਪਿਆਂ ਜੋ ਆਤਮਕ ਜੀਵਨ ਵਿਚ ਘਾਟ ਪੈਂਦੀ ਜਾਂਦੀ ਹੈ, ਉਹ) ਘਾਟ ਦੂਰ ਹੋ ਜਾਂਦੀ ਹੈ।

13692	298	ਖਾਟਿ ਖਜਾਨਾ ਗੁਣ ਨਿਧਿ ਹਰੇ ਨਾਨਕ ਨਾਮੁ ਧਿਆਇ॥੬॥		Khaatt Khajaanaa Gun Nidhh Harae Naanak Naam Dhhiaae ||6||	They gather in the treasure of the Lord, the Ocean of Excellence, O Nanak, by meditating on the Naam. ||6||	ਹੇ ਨਾਨਕ! ਤੂੰ ਭੀ ਪਰਮਾਤਮਾ ਦਾ ਨਾਮ ਸਿਮਰ, ਤੇ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦੇ ਨਾਮ ਦਾ ਖ਼ਜ਼ਾਨਾ ਇਕੱਠਾ ਕਰ ॥੬॥
13693	298	ਸਲੋਕੁ॥		Salok ||	Shalok:	ਸਲੋਕੁ
13694	298	ਸੰਤ ਮੰਡਲ ਹਰਿ ਜਸੁ ਕਥਹਿ ਬੋਲਹਿ ਸਤਿ ਸੁਭਾਇ॥		Santh Manddal Har Jas Kathhehi Bolehi Sath Subhaae ||	In the gathering of the Saints, chant the Praises of the Lord, and speak the Truth with love.	ਸੰਤ ਜਨ (ਸਦਾ) ਪਰਮਾਤਮਾ ਦੀ ਸਿਫ਼ਤ-ਸਾਲਾਹ ਉਚਾਰਦੇ ਹਨ, ਪ੍ਰੇਮ ਵਿਚ ਟਿਕ ਕੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੇ ਗੁਣ ਬਿਆਨ ਕਰਦੇ ਹਨ,
13695	298	ਨਾਨਕ ਮਨੁ ਸੰਤੋਖੀਐ ਏਕਸੁ ਸਿਉ ਲਿਵ ਲਾਇ॥੭॥		Naanak Man Santhokheeai Eaekas Sio Liv Laae ||7||	O Nanak, the mind becomes contented, enshrining love for the One Lord. ||7||	(ਕਿਉਂਕਿ) ਹੇ ਨਾਨਕ! ਇਕ ਪਰਮਾਤਮਾ (ਦੇ ਚਰਨਾਂ) ਵਿਚ ਸੁਰਤ ਜੋੜੀ ਰੱਖਿਆਂ ਮਨ ਸ਼ਾਂਤ ਰਹਿੰਦਾ ਹੈ ॥੭॥
13696	298	ਪਉੜੀ॥		Pourree ||	Pauree:	ਪਉੜੀ
13697	298	ਸਪਤਮਿ ਸੰਚਹੁ ਨਾਮ ਧਨੁ ਟੂਟਿ ਨ ਜਾਹਿ ਭੰਡਾਰ॥	(ਸਪ-ਤਮਿ) ਸੱਤਵੀਂ ਥਿੱਤ	Sapatham Sanchahu Naam Dhhan Ttoott N Jaahi Bhanddaar ||	The seventh day of the lunar cycle: Gather the wealth of the Naam; this is a treasure which shall never be exhausted.	(ਹੇ ਭਾਈ!) ਪਰਮਾਤਮਾ ਦਾ ਨਾਮ-ਧਨ ਇਕੱਠਾ ਕਰੋ। ਨਾਮ-ਧਨ ਦੇ ਖ਼ਜ਼ਾਨੇ ਕਦੇ ਮੁੱਕਦੇ ਨਹੀਂ ਹਨ।

13698	298	ਸੰਤਸੰਗਤਿ ਮਹਿ ਪਾਈਐ ਅੰਤੁ ਨ ਪਾਰਾਵਾਰ॥		Santhasangath Mehi Paaeeai Anth N Paaraavaar ||	In the Society of the Saints, He is obtained; He has no end or limitations.	(ਪਰ ਉਸ ਪਰਮਾਤਮਾ ਦਾ ਇਹ ਨਾਮ ਧਨ) ਸਾਧ ਸੰਗਤਿ ਵਿਚ ਰਿਹਾਂ ਹੀ ਮਿਲਦਾ ਹੈ, ਜਿਸ ਦੇ ਗੁਣਾਂ ਦਾ ਅੰਤ ਨਹੀਂ ਪੈਂਦਾ, ਜਿਸ ਦੇ ਸਰੂਪ ਦਾ ਉਰਲਾ ਪਰਲਾ ਬੰਨਾ ਨਹੀਂ ਲੱਭਦਾ।
13699	298	ਆਪੁ ਤਜਹੁ ਗੋਬਿੰਦ ਭਜਹੁ ਸਰਨਿ ਪਰਹੁ ਹਰਿ ਰਾਇ॥		Aap Thajahu Gobindh Bhajahu Saran Parahu Har Raae ||	Renounce your selfishness and conceit, and meditate, vibrate on the Lord of the Universe; take to the Sanctuary of the Lord, our King.	(ਹੇ ਭਾਈ!) ਆਪਾ-ਭਾਵ ਦੂਰ ਕਰੋ, ਪਰਮਾਤਮਾ ਦਾ ਭਜਨ ਕਰਦੇ ਰਹੁ, ਪ੍ਰਭੂ ਪਾਤਸ਼ਾਹ ਦੀ ਸਰਨ ਪਏ ਰਹੋ।
13700	298	ਦੂਖ ਹਰੈ ਭਵਜਲੁ ਤਰੈ ਮਨ ਚਿੰਦਿਆ ਫਲੁ ਪਾਇ॥		Dhookh Harai Bhavajal Tharai Man Chindhiaa Fal Paae ||	Your pains shall depart - swim across the terrifying world-ocean, and obtain the fruits of your mind's desires.	(ਜੇਹੜਾ ਮਨੁੱਖ ਪ੍ਰਭੂ ਦੀ ਸਰਨ ਪਿਆ ਰਹਿੰਦਾ ਹੈ, ਉਹ ਆਪਣੇ ਸਾਰੇ) ਦੁਖ ਦੂਰ ਕਰ ਲੈਂਦਾ ਹੈ, ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ, ਤੇ ਮਨ-ਚਿਤਵਿਆ ਫਲ ਪ੍ਰਾਪਤ ਕਰ ਲੈਂਦਾ ਹੈ।
13701	298	ਆਠ ਪਹਰ ਮਨਿ ਹਰਿ ਜਪੈ ਸਫਲੁ ਜਨਮੁ ਪਰਵਾਣੁ॥		Aath Pehar Man Har Japai Safal Janam Paravaan ||	One who meditates on the Lord twenty-four hours a day - fruitful and blessed is his coming into the world.	(ਹੇ ਭਾਈ!) ਜੇਹੜਾ ਮਨੁੱਖ ਅੱਠੇ ਪਹਰ ਆਪਣੇ ਮਨ ਵਿਚ ਪਰਮਾਤਮਾ ਦਾ ਨਾਮ ਜਪਦਾ ਹੈ, ਉਸ ਦਾ ਮਨੁੱਖਾ ਜਨਮ ਕਾਮਯਾਬ ਹੋ ਜਾਂਦਾ ਹੈ।

13702	298	ਅੰਤਰਿ ਬਾਹਰਿ ਸਦਾ ਸੰਗਿ ਕਰਨੈਹਾਰੁ ਪਛਾਣੁ॥		Anthar Baahar Sadhaa Sang Karanaihaar Pashhaan ||	Inwardly and outwardly, realize that the Creator Lord is always with you.	ਉਹ (ਪਰਮਾਤਮਾ ਦੀ ਹਜ਼ੂਰੀ ਵਿਚ) ਕਬੂਲ ਹੋ ਜਾਂਦਾ ਹੈ, ਜੇਹੜਾ ਪਰਮਾਤਮਾ (ਹਰੇਕ ਜੀਵ ਦੇ) ਅੰਦਰ ਬਾਹਰ ਸਦਾ ਨਾਲ (ਵੱਸਦਾ) ਹੈ। ਉਹ ਸਿਰਜਣਹਾਰ ਪ੍ਰਭੂ ਉਸ ਮਨੁੱਖ ਦਾ ਮਿੱਤਰ ਬਣ ਜਾਂਦਾ ਹੈ।
13703	298	ਸੋ ਸਾਜਨੁ ਸੋ ਸਖਾ ਮੀਤੁ ਜੋ ਹਰਿ ਕੀ ਮਤਿ ਦੇਇ॥	ਦੇਇ	So Saajan So Sakhaa Meeth Jo Har Kee Math Dhaee ||	He is your friend, your companion, your very best friend, who imparts the Teachings of the Lord.	(ਹੇ ਭਾਈ!) ਜੇਹੜਾ ਮਨੁੱਖ (ਸਾਨੂੰ) ਪਰਮਾਤਮਾ (ਦਾ ਨਾਮ ਜਪਣ) ਦੀ ਮਤਿ ਦੇਂਦਾ ਹੈ, ਉਹੀ (ਸਾਡਾ ਅਸਲੀ) ਸੱਜਣ ਹੈ, ਸਾਥੀ ਹੈ, ਮਿੱਤਰ ਹੈ।
13704	298	ਨਾਨਕ ਤਿਸੁ ਬਲਿਹਾਰਣੈ ਹਰਿ ਹਰਿ ਨਾਮੁ ਜਪੇਇ॥੭॥	ਜਪੇਇ	Naanak This Balihaaranai Har Har Naam Japaee ||7||	Nanak is a sacrifice to one who chants the Name of the Lord, Har, Har. ||7||	ਹੇ ਨਾਨਕ! (ਆਖ-) ਜੇਹੜਾ ਮਨੁੱਖ ਸਦਾ ਹਰਿ-ਨਾਮ ਜਪਦਾ ਹੈ, ਮੈਂ ਉਸ ਤੋਂ ਕੁਰਬਾਨ ਜਾਂਦਾ ਹਾਂ ॥੭॥
13705	298	ਸਲੋਕੁ॥		Salok ||	Shalok:	ਸਲੋਕੁ
13706	298	ਆਠ ਪਹਰ ਗੁਨ ਗਾਈਅਹਿ ਤਜੀਅਹਿ ਅਵਰਿ ਜੰਜਾਲ॥	ਤਜੀਅਹਿ	Aath Pehar Gun Gaaeeahi Thajeeahi Avar Janjaal ||	Sing the Glorious Praises of the Lord twenty-four hours a day; renounce other entanglements.	ਹੇ ਨਾਨਕ! ਜੇ ਅੱਠੇ ਪਹਰ (ਪਰਮਾਤਮਾ ਦੇ) ਗੁਣ ਗਾਏ ਜਾਣ, ਤੇ ਹੋਰ ਸਾਰੇ ਬੰਧਨ ਛੱਡੇ ਜਾਣ,

13707	298	ਜਮਕੰਕਰੁ ਜੋਹਿ ਨ ਸਕਈ ਨਾਨਕ ਪ੍ਰਭੂ ਦਇਆਲ॥੮॥	ਦਇਆਲ	Jamakankar Johi N Sakee Naanak Prabhoo Dhaeiaal ||8||	The Minister of Death cannot even see that person, O Nanak, unto whom God is merciful. ||8||	ਤਾਂ ਪਰਮਾਤਮਾ ਦਇਆਵਾਨ ਹੋ ਜਾਂਦਾ ਹੈ ਅਤੇ ਜਮਦੂਤ ਤੱਕ ਨਹੀਂ ਸਕਦਾ (ਮੌਤ ਦਾ ਡਰ ਨੇੜੇ ਨਹੀਂ ਢੁਕਦਾ, ਆਤਮਕ ਮੌਤ ਨੇੜੇ ਨਹੀਂ ਆ ਸਕਦੀ ॥੮॥
13708	298	ਪਉੜੀ॥		Pourree ||	Pauree:	ਪਉੜੀ
13709	298	ਅਸਟਮੀ ਅਸਟ ਸਿਧਿ ਨਵ ਨਿਧਿ॥	(ਅਸਟਮੀ) ਅੱਠਵੀਂ ਥਿੱਤ	Asattamee Asatt Sidhh Nav Nidhh ||	The eighth day of the lunar cycle: The eight spiritual powers of the Siddhas, the nine treasures,	(ਨਾਮ ਦੇ ਪਰਤਾਪ ਵਿਚ ਹੀ) ਅੱਠੇ ਕਰਾਮਾਤੀ ਤਾਕਤਾਂ ਤੇ ਦੁਨੀਆ ਦੇ ਨੌ ਹੀ ਖ਼ਜ਼ਾਨੇ ਆ ਜਾਂਦੇ ਹਨ,
13710	298	ਸਗਲ ਪਦਾਰਥ ਪੂਰਨ ਬੁਧਿ॥		Sagal Padhaarathh Pooran Budhh ||	All precious things, perfect intellect,	ਸਾਰੇ ਪਦਾਰਥ ਪ੍ਰਾਪਤ ਹੋ ਜਾਂਦੇ ਹਨ, ਉਹ ਅਕਲ ਪ੍ਰਾਪਤ ਹੋ ਜਾਂਦੀ ਹੈ ਜੋ ਕਦੇ ਉਕਾਈ ਨਹੀਂ ਖਾਂਦੀ।
13711	298	ਕਵਲ ਪ੍ਰਗਾਸ ਸਦਾ ਆਨੰਦ॥	(ਕਵਲ) ਹਿਰਦਾ	Kaval Pragaas Sadhaa Aanandh ||	The opening of the heart-lotus, eternal bliss,	(ਮਨ ਵਿਚ) ਸਦਾ ਚਾਉ ਹੀ ਚਾਉ ਟਿਕਿਆ ਰਹਿੰਦਾ ਹੈ, (ਹਿਰਦੇ ਦਾ) ਕੌਲ-ਫੁੱਲ ਖਿੜ ਜਾਂਦਾ ਹੈ (ਜਿਵੇਂ ਸੂਰਜ ਦੀਆਂ ਕਿਰਨਾਂ ਨਾਲ ਕੌਲ-ਫੁੱਲ ਖਿੜਦਾ ਹੈ, ਤਿਵੇਂ ਨਾਮ-ਸਿਮਰਨ ਦੀ ਬਰਕਤਿ ਨਾਲ ਹਿਰਦਾ ਖਿੜਿਆ ਰਹਿੰਦਾ ਹੈ)।

13712	298	ਨਿਰਮਲ ਰੀਤਿ ਨਿਰੋਧਰ ਮੰਤ॥	(ਨਿਰੋਧਰ) ਨ ਰੁਕਣ ਵਾਲਾ	Niramal Reeth Nirodhhar Manth ||	Pure lifestyle, the infallible Mantra,	(ਪਰਮਾਤਮਾ ਦਾ ਨਾਮ ਇਕ ਐਸਾ) ਮੰਤ੍ਰ ਹੈ ਜਿਸ ਦਾ ਅਸਰ ਜ਼ਾਇਆ ਨਹੀਂ ਹੋ ਸਕਦਾ, (ਇਸ ਮੰਤ੍ਰ ਦੀ ਬਰਕਤਿ ਨਾਲ) ਜੀਵਨ-ਜੁਗਤਿ ਪਵਿਤ੍ਰ ਹੋ ਜਾਂਦੀ ਹੈ।
13713	298	ਸਗਲ ਧਰਮ ਪਵਿਤ੍ਰ ਇਸਨਾਨੁ॥		Sagal Dhharam Pavithr Eisanaan ||	All Dharmic virtues, sacred purifying baths,	(ਹੇ ਭਾਈ! ਪਰਮਾਤਮਾ ਦਾ ਨਾਮ ਹੀ) ਸਾਰੇ ਧਰਮਾਂ (ਦਾ ਧਰਮ ਹੈ, ਸਾਰੇ ਤੀਰਥ-ਇਸ਼ਨਾਨਾਂ ਨਾਲੋਂ) ਪਵਿਤ੍ਰ-ਇਸ਼ਨਾਨ ਹੈ।
13714	298	ਸਭ ਮਹਿ ਊਚ ਬਿਸੇਖ ਗਿਆਨੁ॥	(ਬਿਸੇਖ) ਵਿਸ਼ੇਸ਼	Sabh Mehi Ooch Bisaekh Giaan ||	The most lofty and sublime spiritual wisdom	(ਨਾਮ-ਸਿਮਰਨ ਹੀ ਸਾਰੇ ਸ਼ਾਸਤ੍ਰ ਆਦਿਕਾਂ ਦੇ ਦਿੱਤੇ ਗਿਆਨਾਂ ਨਾਲੋਂ) ਸਭ ਤੋਂ ਉੱਚਾ ਤੇ ਸ੍ਰੇਸ਼ਟ ਗਿਆਨ ਹੈ।
13715	298	ਹਰਿ ਹਰਿ ਭਜਨੁ ਪੂਰੇ ਗੁਰ ਸੰਗਿ॥		Har Har Bhajan Poorae Gur Sang ||	These are obtained by meditating, vibrating upon the Lord, Har, Har, in the Company of the Perfect Guru.	ਜੇ ਪੂਰੇ ਗੁਰੂ ਦੀ ਸੰਗਤਿ ਵਿਚ ਰਹਿ ਕੇ ਹਰਿ-ਨਾਮ ਦਾ ਭਜਨ ਕੀਤਾ ਜਾਏ,
13716	298	ਜਪਿ ਤਰੀਐ ਨਾਨਕ ਨਾਮ ਹਰਿ ਰੰਗਿ॥੮॥		Jap Thareeai Naanak Naam Har Rang ||8||	You shall be saved, O Nanak, by lovingly chanting the Lord's Name. ||8||	(ਤਾਂ) ਹੇ ਨਾਨਕ! ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਟਿਕ ਕੇ ਹਰਿ-ਨਾਮ ਜਪ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ ॥੮॥
13717	298	ਸਲੋਕੁ॥		Salok ||	Shalok:	ਸਲੋਕੁ

13718	298	ਨਾਰਾਇਣੁ ਨਹ ਸਿਮਰਿਓ ਮੋਹਿਓ ਸੁਆਦ ਬਿਕਾਰ॥		Naaraaein Neh Simariou Mohiou Suaadh Bikaar ||	He does not remember the Lord in meditation; he is fascinated by the pleasures of corruption.	(ਜਿਸ ਮਨੁੱਖ ਨੇ ਕਦੇ) ਪਰਮਾਤਮਾ ਦਾ ਨਾਮ ਨਹੀਂ ਸਿਮਰਿਆ, (ਉਹ ਸਦਾ) ਵਿਕਾਰਾਂ ਵਿਚ (ਦੁਨੀਆ ਦੇ ਪਦਾਰਥਾਂ ਦੇ) ਸੁਆਦਾਂ ਵਿਚ ਫਸਿਆ ਰਹਿੰਦਾ ਹੈ।
13719	298	ਨਾਨਕ ਨਾਮਿ ਬਿਸਾਰਿਐ ਨਰਕ ਸੁਰਗ ਅਵਤਾਰ॥੯॥	(ਅਵਤਾਰ) ਜਨਮ	Naanak Naam Bisaariai Narak Surag Avathaar ||9||	O Nanak, forgetting the Naam, he is reincarnated into heaven and hell. ||9||	ਹੇ ਨਾਨਕ! ਜੇ ਪਰਮਾਤਮਾ ਦਾ ਨਾਮ ਭੁਲਾ ਦਿੱਤਾ ਜਾਏ ਤਾਂ ਨਰਕ ਸੁਰਗ (ਭੋਗਣ ਲਈ ਮੁੜ ਮੁੜ) ਜਨਮ ਲੈਣੇ ਪੈਂਦੇ ਹਨ ॥੯॥
13720	298	ਪਉੜੀ॥		Pourree ||	Pauree:	ਪਉੜੀ
13721	298	ਨਉਮੀ ਨਵੇ ਛਿਦ੍ਰ ਅਪਵੀਤ॥	(ਨਉਮੀ) ਨੌਵੀਂ ਥਿੱਤ। (ਨਵੇ) ਨੌਂ (ਛਿਦ੍ਰ) ਛੇਕ ਇੰਦ੍ਰੇ ਨੱਖ ਕੰਨ ਆਦਿ। (ਅਪਵੀਤ) ਅਪਵਿੱਤ੍ਰ	Noumee Navae Shhidhr Apaveeth ||	The ninth day of the lunar cycle: The nine holes of the body are defiled.	(ਉਹਨਾਂ ਮਨੁੱਖਾਂ ਦੇ ਕੰਨ ਨੱਕ ਆਦਿਕ) ਨੌ ਹੀ ਇੰਦਰੇ ਗੰਦੇ (ਵਿਕਾਰੀ) ਹੋਏ ਰਹਿੰਦੇ ਹਨ,
13722	298	ਹਰਿ ਨਾਮੁ ਨ ਜਪਹਿ ਕਰਤ ਬਿਪਰੀਤਿ॥	(ਬਿਪ-ਰੀਤਿ) ਉਲਟੀ ਰੀਤ	Har Naam N Japehi Karath Bipareeth ||	People do not chant the Lord's Name; instead, they practice evil.	ਜੇਹੜੇ ਪਰਮਾਤਮਾ ਦਾ ਨਾਮ ਨਹੀਂ ਜਪਦੇ। ਉਹ (ਮਨੁੱਖਤਾ ਦੀ ਮਰਯਾਦਾ ਦੇ) ਉਲਟ (ਮੰਦੇ) ਕਰਮ ਕਰਦੇ ਰਹਿੰਦੇ ਹਨ।
13723	298	ਪਰ ਤ੍ਰਿਅ ਰਮਹਿ ਬਕਹਿ ਸਾਧ ਨਿੰਦ॥	(ਪਰ) ਪਰਾਈਆਂ (ਤ੍ਰਿਅ) ਇਸਤ੍ਰੀਆਂ (ਰਮਹਿ) ਭੋਗਦੇ। ਬਕ-ਹਿ: ਪੋਲਾ ਬੋਲੋ	Par Thria Ramehi Bakehi Saadhh Nindh ||	They commit adultery, slander the Saints,	(ਪ੍ਰਭੂ ਦੇ ਸਿਮਰਨ ਤੋਂ ਖੁੰਝੇ ਹੋਏ ਮਨੁੱਖ) ਪਰਾਈਆਂ ਇਸਤ੍ਰੀਆਂ ਭੋਗਦੇ ਹਨ ਤੇ ਭਲੇ ਮਨੁੱਖਾਂ ਦੀ ਨਿੰਦਾ ਕਰਦੇ ਰਹਿੰਦੇ ਹਨ,

13724	298	ਕਰਨ ਨ ਸੁਨਹੀ ਹਰਿ ਜਸੁ ਬਿੰਦ॥	(ਬਿੰਦ) ਥੋੜਾ ਸਮਾ	Karan N Sunehee Har Jas Bindh ||	And do not listen to even a tiny bit of the Lord's Praise.	ਉਹ ਕਦੇ ਰਤਾ ਭਰ ਸਮੇ ਲਈ ਭੀ (ਆਪਣੇ) ਕੰਨਾਂ ਨਾਲ ਪਰਮਾਤਮਾ ਦੀ ਸਿਫ਼ਤ-ਸਾਲਾਹ ਨਹੀਂ ਸੁਣਦੇ।
13725	298	ਹਿਰਹਿ ਪਰ ਦਰਬੁ ਉਦਰ ਕੈ ਤਾਈ॥	(ਹਿਰਹਿ) ਚਰਾਉਂਦੇ। (ਦਰਬੁ) ਧਨ। ਤਾਂਈਂ	Hirehi Par Dharab Oudhar Kai Thaaee ||	They steal others' wealth for the sake of their own bellies,	(ਸਿਮਰਨ-ਹੀਨ ਬੰਦੇ) ਆਪਣਾ ਪੇਟ ਭਰਨ ਦੀ ਖ਼ਾਤਰ ਪਰਾਇਆ ਧਨ ਚੁਰਾਂਦੇ ਰਹਿੰਦੇ ਹਨ,
13726	298	ਅਗਨਿ ਨ ਨਿਵਰੈ ਤ੍ਰਿਸਨਾ ਨ ਬੁਝਾਈ॥	(ਨਿਵਰੈ) ਦੂਰ ਹੁੰਦੀ। ਬੁਝਾਈ: ਪੋਲਾ ਬੋਲੋ	Agan N Nivarai Thrisanaa N Bujhaaee ||	But the fire is not extinguished, and their thirst is not quenched.	(ਫੇਰ ਭੀ ਉਹਨਾਂ ਦੀ) ਲਾਲਚ ਦੀ ਅੱਗ ਦੂਰ ਨਹੀਂ ਹੁੰਦੀ, (ਉਹਨਾਂ ਦੇ ਅੰਦਰੋਂ) ਤ੍ਰਿਸ਼ਨਾ ਨਹੀਂ ਮਿਟਦੀ।
13727	298	ਹਰਿ ਸੇਵਾ ਬਿਨੁ ਏਹ ਫਲ ਲਾਗੇ॥		Har Saevaa Bin Eaeh Fal Laagae ||	Without serving the Lord, these are their rewards.	ਪਰਮਾਤਮਾ ਦੀ ਸੇਵਾ-ਭਗਤੀ ਤੋਂ ਬਿਨਾ (ਉਹਨਾਂ ਦੇ ਸਾਰੇ ਉੱਦਮਾਂ ਨੂੰ ਉਪਰ-ਦੱਸੇ ਹੋਏ) ਇਹੋ ਜਿਹੇ ਫਲ ਹੀ ਲੱਗਦੇ ਹਨ।
13728	298	ਨਾਨਕ ਪ੍ਰਭ ਬਿਸਰਤ ਮਰਿ ਜਮਹਿ ਅਭਾਗੇ॥੯॥	(ਜਮਹਿ) ਜਮ ਮਰਿ ਰਹੇ ਹਨ, ਜਮ ਵੱਸ ਪੈਂਦੇ ਹਨ	Naanak Prabh Bisarath Mar Jamehi Abhaagae ||9||	O Nanak, forgetting God, the unfortunate people are born, only to die. ||9||	ਹੇ ਨਾਨਕ! ਪਰਮਾਤਮਾ ਨੂੰ ਵਿਸਾਰਨ ਕਰਕੇ ਉਹ ਭਾਗ-ਹੀਨ ਮਨੁੱਖ ਨਿੱਤ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ ॥੯॥
13729	298	ਸਲੋਕੁ॥		Salok ||	Shalok:	ਸਲੋਕੁ

13730	298	ਦਸ ਦਿਸ ਖੋਜਤ ਮੈ ਫਿਰਿਓ ਜਤ ਦੇਖਉ ਤਤ ਸੋਇ॥	(ਦਿਸ) ਦਿਸ਼ਾਂ	Dhas Dhis Khojath Mai Firiou Jath Dhaekho Thath Soe ||	I have wandered, searching in the ten directions - wherever I look, there I see Him.	ਹੇ ਨਾਨਕ! (ਆਖ-ਉਂਞ ਤਾਂ) ਮੈਂ ਜਿਧਰ ਵੇਖਦਾ ਹਾਂ, ਓਧਰ ਉਹ (ਪਰਮਾਤਮਾ) ਹੀ ਵੱਸ ਰਿਹਾ ਹੈ (ਪਰ ਘਰ ਛੱਡ ਕੇ) ਦਸੀਂ ਪਾਸੀਂ ਹੀ ਮੈਂ ਢੂੰਡ ਫਿਰਿਆ ਹਾਂ (ਜੰਗਲ ਆਦਿਕਾਂ ਵਿਚ ਕਿਤੇ ਭੀ ਮਨ ਵੱਸ ਵਿਚ ਨਹੀਂ ਆਉਂਦਾ);
13731	298	ਮਨੁ ਬਸਿ ਆਵੈ ਨਾਨਕਾ ਜੇ ਪੂਰਨ ਕਿਰਪਾ ਹੋਇ॥੧੦॥		Man Bas Aavai Naanakaa Jae Pooran Kirapaa Hoe ||10||	The mind comes to be controlled, O Nanak, if He grants His Perfect Grace. ||10||	ਮਨ ਤਦੋਂ ਹੀ ਵੱਸ ਵਿਚ ਆਉਂਦਾ ਹੈ ਜੇ ਸਭ ਗੁਣਾਂ ਦੇ ਮਾਲਕ ਪਰਮਾਤਮਾ ਦੀ (ਆਪਣੀ) ਮਿਹਰ ਹੋਵੇ ॥੧੦॥
13732	298	ਪਉੜੀ॥		Pourree ||	Pauree:	ਪਉੜੀ
13733	298	ਦਸਮੀ ਦਸ ਦੁਆਰ ਬਸਿ ਕੀਨੇ॥	ਦਸ: ਪੋਲਾ ਬੋਲੋ, ਬੱਸਿ	Dhasamee Dhas Dhuaar Bas Keenae ||	The tenth day of the lunar cycle: Overpower the ten sensory and motor organs;	(ਪਰਮਾਤਮਾ ਦੀ ਕਿਰਪਾ ਨਾਲ ਮਨੁੱਖ) ਦਸਾਂ ਹੀ ਇੰਦ੍ਰਿਆਂ ਨੂੰ ਮਨੁੱਖ ਆਪਣੇ ਕਾਬੂ ਵਿਚ ਕਰ ਲੈਂਦਾ ਹੈ।
13734	298	ਮਨਿ ਸੰਤੋਖੁ ਨਾਮ ਜਪਿ ਲੀਨੇ॥		Man Santhokh Naam Jap Leenae ||	Your mind will be content, as you chant the Naam.	ਜਦੋਂ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਹੈ ਤਾਂ ਉਸ ਦੇ ਮਨ ਵਿਚ ਸੰਤੋਖ ਪੈਦਾ ਹੁੰਦਾ ਹੈ।
13735	298	ਕਰਨੀ ਸੁਨੀਐ ਜਸੁ ਗੋਪਾਲ॥		Karanee Suneeai Jas Gopaal ||	With your ears, hear the Praises of the Lord of the World;	(ਪ੍ਰਭੂ ਦੀ ਕਿਰਪਾ ਰਾਹੀਂ) ਕੰਨਾਂ ਨਾਲ ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੀ ਸਿਫ਼ਤ-ਸਾਲਾਹ ਸੁਣੀਦੀ ਹੈ,

13736	298	ਨੈਨੀ ਪੇਖਤ ਸਾਧ ਦਇਆਲ॥		Nainee Paekhath Saadhh Dhaeiaal ||	With your eyes, behold the kind, Holy Saints.	ਅੱਖਾਂ ਨਾਲ ਦਇਆ ਦੇ ਘਰ ਗੁਰੂ ਦਾ ਦਰਸਨ ਕਰੀਦਾ ਹੈ,
13737	298	ਰਸਨਾ ਗੁਨ ਗਾਵੈ ਬੇਅੰਤ॥		Rasanaa Gun Gaavai Baeanth ||	With your tongue, sing the Glorious Praises of the Infinite Lord.	ਜੀਭ ਬੇਅੰਤ ਪ੍ਰਭੂ ਦੇ ਗੁਣ ਗਾਣ ਲੱਗ ਪੈਂਦੀ ਹੈ,
13738	298	ਮਨ ਮਹਿ ਚਿਤਵੈ ਪੂਰਨ ਭਗਵੰਤ॥		Man Mehi Chithavai Pooran Bhagavanth ||	In your mind, remember the Perfect Lord God.	ਤੇ ਮਨੁੱਖ ਆਪਣੇ ਮਨ ਵਿਚ ਸਰਬ-ਵਿਆਪਕ ਭਗਵਾਨ (ਦੇ ਗੁਣ) ਚੇਤੇ ਕਰਦਾ ਹੈ।
13739	299	ਹਸਤ ਚਰਨ ਸੰਤ ਟਹਲ ਕਮਾਈਐ॥		Hasath Charan Santh Ttehal Kamaaeeai ||	With your hands and feet, work for the Saints.	ਹੱਥਾਂ ਨਾਲ ਸੰਤ ਜਨਾਂ ਦੇ ਚਰਨਾਂ ਦੀ ਟਹਲ ਕੀਤੀ ਜਾਂਦੀ ਹੈ।
13740	299	ਨਾਨਕ ਇਹੁ ਸੰਜਮੁ ਪ੍ਰਭ ਕਿਰਪਾ ਪਾਈਐ॥੧੦॥		Naanak Eihu Sanjam Prabh Kirapaa Paaeeai ||10||	O Nanak, this way of life is obtained by God's Grace. ||10||	ਹੇ ਨਾਨਕ! ਇਹ (ਉਪਰ ਦੱਸੀ) ਜੀਵਨ-ਜੁਗਤਿ ਪਰਮਾਤਮਾ ਦੀ ਕਿਰਪਾ ਨਾਲ ਹੀ ਪ੍ਰਾਪਤ ਹੁੰਦੀ ਹੈ ॥੧੦॥
13741	299	ਸਲੋਕੁ॥		Salok ||	Shalok:	ਸਲੋਕੁ
13742	299	ਏਕੋ ਏਕੁ ਬਖਾਨੀਐ ਬਿਰਲਾ ਜਾਣੈ ਸ੍ਵਾਦੁ॥	ਸੁਆਦੁ	Eaeko Eaek Bakhaaneeai Biralaa Jaanai Svaadh ||	Describe the Lord as the One, the One and Only. How rare are those who know the taste of this essence.	(ਹੇ ਭਾਈ!) ਸਿਰਫ਼ ਇਕ ਪਰਮਾਤਮਾ ਦੀ ਹੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ (ਸਿਫ਼ਤ-ਸਾਲਾਹ ਵਿਚ ਹੀ ਆਤਮਕ ਆਨੰਦ ਹੈ ਪਰ) ਇਸ ਆਤਮਕ ਅਨੰਦ ਨੂੰ ਕੋਈ ਵਿਰਲਾ ਮਨੁੱਖ ਮਾਣਦਾ ਹੈ।

13743	299	ਗੁਣ ਗੋਬਿੰਦ ਨ ਜਾਣੀਐ ਨਾਨਕ ਸਭੁ ਬਿਸਮਾਦੁ॥੧੧॥		Gun Gobindh N Jaaneeai Naanak Sabh Bisamaadh ||11||	The Glories of the Lord of the Universe cannot be known. O Nanak, He is totally amazing and wonderful! ||11||	(ਪਰਮਾਤਮਾ ਦੇ ਗੁਣ ਗਾਇਨ ਕਰਨ ਨਾਲ ਆਤਮਕ ਆਨੰਦ ਤਾਂ ਮਿਲਦਾ ਹੈ; ਪਰ) ਗੁਣਾਂ (ਦੇ ਬਿਆਨ ਕਰਨ) ਨਾਲ ਪਰਮਾਤਮਾ ਦਾ ਸਹੀ ਸਰੂਪ ਨਹੀਂ ਸਮਝਿਆ ਜਾ ਸਕਦਾ (ਕਿਉਂਕਿ) ਹੇ ਨਾਨਕ! ਉਹ ਤਾਂ ਸਾਰਾ ਅਸਚਰਜ ਰੂਪ ਹੈ ॥੧੧॥
13744	299	ਪਉੜੀ॥		Pourree ||	Pauree:	ਪਉੜੀ
13745	299	ਏਕਾਦਸੀ ਨਿਕਟਿ ਪੇਖਹੁ ਹਰਿ ਰਾਮੁ॥	(ਏ-ਕਾਦਸੀ) ਇੱਕ ਤੇ ਦਸ ਗਿਆਰਵੀਂ ਥਿੱਤ	Eaekaadhasee Nikatt Paekhahu Har Raam ||	The eleventh day of the lunar cycle: Behold the Lord, the Lord, near at hand.	(ਹੇ ਭਾਈ!) ਪਰਮਾਤਮਾ ਨੂੰ (ਸਦਾ ਆਪਣੇ) ਨੇੜੇ (ਵੱਸਦਾ) ਵੇਖੋ,
13746	299	ਇੰਦ੍ਰੀ ਬਸਿ ਕਰਿ ਸੁਣਹੁ ਹਰਿ ਨਾਮੁ॥	ਬੱਸਿ	Eindhree Bas Kar Sunahu Har Naam ||	Subdue the desires of your sexual organs, and listen to the Lord's Name.	ਆਪਣੇ ਇੰਦ੍ਰਿਆਂ ਨੂੰ ਕਾਬੂ ਵਿਚ ਰੱਖ ਕੇ ਪਰਮਾਤਮਾ ਦਾ ਨਾਮ ਸੁਣਿਆ ਕਰੋ-ਇਹੀ ਹੈ ਇਕਾਦਸ਼ੀ (ਦਾ ਵਰਤ)।
13747	299	ਮਨਿ ਸੰਤੋਖੁ ਸਰਬ ਜੀਅ ਦਇਆ॥	ਦਇਆ	Man Santhokh Sarab Jeea Dhaeiaa ||	Let your mind be content, and be kind to all beings.	(ਜੇਹੜਾ ਮਨੁੱਖ ਆਪਣੇ) ਮਨ ਵਿਚ ਸੰਤੋਖ (ਧਾਰਦਾ ਹੈ ਤੇ) ਸਭ ਜੀਵਾਂ ਨਾਲ ਦਇਆ-ਪਿਆਰ ਵਾਲਾ ਸਲੂਕ ਕਰਦਾ ਹੈ,
13748	299	ਇਨ ਬਿਧਿ ਬਰਤੁ ਸੰਪੂਰਨ ਭਇਆ॥	ਭਇਆ	Ein Bidhh Barath Sanpooran Bhaeiaa ||	In this way, your fast will be successful.	ਇਸ ਤਰੀਕੇ ਨਾਲ (ਜੀਵਨ ਗੁਜ਼ਾਰਦਿਆਂ ਉਸ ਦਾ) ਵਰਤ ਕਾਮਯਾਬ ਹੋ ਜਾਂਦਾ ਹੈ (ਭਾਵ, ਇਹੀ ਹੈ ਅਸਲੀ ਵਰਤ)।

13749	299	ਧਾਵਤ ਮਨੁ ਰਾਖੈ ਇਕ ਠਾਇ॥		Dhhaavath Man Raakhai Eik Thaae ||	Keep your wandering mind restrained in one place.	(ਇਸ ਤਰ੍ਹਾਂ ਦੇ ਵਰਤ ਨਾਲ ਉਹ ਮਨੁੱਖ ਵਿਕਾਰਾਂ ਵਲ) ਦੌੜਦੇ (ਆਪਣੇ) ਮਨ ਨੂੰ ਇਕ ਟਿਕਾਣੇ ਤੇ ਟਿਕਾ ਰੱਖਦਾ ਹੈ,
13750	299	ਮਨੁ ਤਨੁ ਸੁਧੁ ਜਪਤ ਹਰਿ ਨਾਇ॥		Man Than Sudhh Japath Har Naae ||	Your mind and body shall become pure, chanting the Lord's Name.	ਪਰਮਾਤਮਾ ਦਾ (ਨਾਮ) ਜਪਦਿਆਂ (ਪਰਮਾਤਮਾ ਦੇ) ਨਾਮ ਵਿਚ (ਜੁੜਿਆਂ) ਉਸ ਦਾ ਮਨ ਪਵਿਤ੍ਰ ਹੋ ਜਾਂਦਾ ਹੈ, ਉਸ ਦਾ ਹਿਰਦਾ ਪਵਿਤ੍ਰ ਹੋ ਜਾਂਦਾ ਹੈ।
13751	299	ਸਭ ਮਹਿ ਪੂਰਿ ਰਹੇ ਪਾਰਬ੍ਰਹਮ॥		Sabh Mehi Poor Rehae Paarabreham ||	The Supreme Lord God is pervading amongst all.	ਜੇਹੜਾ ਪ੍ਰਭੂ ਸਾਰੇ ਜਗਤ ਵਿਚ ਹਰ ਥਾਂ ਵਿਆਪਕ ਹੈ,
13752	299	ਨਾਨਕ ਹਰਿ ਕੀਰਤਨੁ ਕਰਿ ਅਟਲ ਏਹੁ ਧਰਮ॥੧੧॥	ਅ-ਟਲ	Naanak Har Keerathan Kar Attal Eaehu Dhharam ||11||	O Nanak, sing the Kirtan of the Lord's Praises; this alone is the eternal faith of Dharma. ||11||	ਹੇ ਨਾਨਕ! ਉਸ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਰਹੁ, ਇਹ ਐਸਾ ਧਰਮ ਹੈ ਜਿਸ ਦਾ ਫਲ ਜ਼ਰੂਰ ਮਿਲਦਾ ਹੈ ॥੧੧॥
13753	299	ਸਲੋਕੁ॥		Salok ||	Shalok:	ਸਲੋਕੁ
13754	299	ਦੁਰਮਤਿ ਹਰੀ ਸੇਵਾ ਕਰੀ ਭੇਟੇ ਸਾਧ ਕ੍ਰਿਪਾਲ॥	(ਹਰੀ) ਦੂਰ ਕਰੀ	Dhuramath Haree Saevaa Karee Bhaettae Saadhh Kirapaal ||	Evil-mindedness is eliminated, by meeting with and serving the compassionate Holy Saints.	ਜੇਹੜੇ ਵਡ-ਭਾਗੀ ਮਨੁੱਖ ਦਇਆ-ਦੇ-ਘਰ ਗੁਰੂ ਨੂੰ ਮਿਲ ਪਏ ਤੇ ਜਿਨ੍ਹਾਂ ਨੇ ਗੁਰੂ ਦੀ ਦੱਸੀ ਸੇਵਾ ਕੀਤੀ, ਉਹਨਾਂ ਨੇ (ਆਪਣੇ ਅੰਦਰੋਂ) ਖੋਟੀ ਮਤਿ ਦੂਰ ਕਰ ਲਈ।

13755	299	ਨਾਨਕ ਪ੍ਰਭ ਸਿਉ ਮਿਲਿ ਰਹੇ ਬਿਨਸੇ ਸਗਲ ਜੰਜਾਲ॥੧੨॥	(ਜੰਜਾਲ) ਮਾਇਆ ਦੇ ਬੰਧਨ	Naanak Prabh Sio Mil Rehae Binasae Sagal Janjaal ||12||	Nanak is merged with God; all his entanglements have come to an end. ||12||	ਹੇ ਨਾਨਕ! ਜੇਹੜੇ ਬੰਦੇ ਪਰਮਾਤਮਾ ਦੇ ਚਰਨਾਂ ਵਿਚ ਜੁੜੇ ਰਹਿੰਦੇ ਹਨ, ਉਹਨਾਂ ਦੇ (ਮਾਇਆ ਦੇ ਮੋਹ ਦੇ) ਸਾਰੇ ਬੰਧਨ ਨਾਸ ਹੋ ਜਾਂਦੇ ਹਨ ॥੧੨॥
13756	299	ਪਉੜੀ॥		Pourree ||	Pauree:	ਪਉੜੀ
13757	299	ਦੁਆਦਸੀ ਦਾਨੁ ਨਾਮੁ ਇਸਨਾਨੁ॥	(ਦੁਆ-ਦਸੀ) ਬਾਰ੍ਵੀਂ ਥਿੱਤ	Dhuaadhasee Dhaan Naam Eisanaan ||	The twelfth day of the lunar cycle: Dedicate yourself to giving charity, chanting the Naam and purification.	(ਹੇ ਭਾਈ! ਖ਼ਲਕਤਿ ਦੀ) ਸੇਵਾ ਕਰੋ, ਪਰਮਾਤਮਾ ਦਾ ਨਾਮ ਜਪੋ, ਤੇ, ਜੀਵਨ ਪਵਿਤ੍ਰ ਰੱਖੋ।
13758	299	ਹਰਿ ਕੀ ਭਗਤਿ ਕਰਹੁ ਤਜਿ ਮਾਨੁ॥		Har Kee Bhagath Karahu Thaj Maan ||	Worship the Lord with devotion, and get rid of your pride.	(ਮਨ ਵਿਚੋਂ) ਅਹੰਕਾਰ ਛੱਡ ਕੇ ਪਰਮਾਤਮਾ ਦੀ ਭਗਤੀ ਕਰਦੇ ਰਹੋ।
13759	299	ਹਰਿ ਅੰਮ੍ਰਿਤ ਪਾਨ ਕਰਹੁ ਸਾਧਸੰਗਿ॥		Har Anmrith Paan Karahu Saadhhasang ||	Drink in the Ambrosial Nectar of the Lord's Name, in the Saadh Sangat, the Company of the Holy.	ਸਾਧ ਸੰਗਤਿ ਵਿਚ ਮਿਲ ਕੇ ਆਤਮਕ ਜੀਵਨ ਦੇਣ ਵਾਲਾ ਪ੍ਰਭੂ ਦਾ ਨਾਮ-ਰਸ ਪੀਂਦੇ ਰਹੋ।
13760	299	ਮਨ ਤ੍ਰਿਪਤਾਸੈ ਕੀਰਤਨ ਪ੍ਰਭ ਰੰਗਿ॥		Man Thripathaasai Keerathan Prabh Rang ||	The mind is satisfied by lovingly singing the Kirtan of God's Praises.	ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੀਜ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤਿਆਂ ਮਨ (ਦੁਨੀਆ ਦੇ ਪਦਾਰਥਾਂ ਵਲੋਂ ਵਿਕਾਰਾਂ ਵਲੋਂ) ਰੱਜਿਆ ਰਹਿੰਦਾ ਹੈ।

13761	299	ਕੋਮਲ ਬਾਣੀ ਸਭ ਕਉ ਸੰਤੋਖੈ॥		Komal Baanee Sabh Ko Santhokhai ||	The Sweet Words of His Bani soothe everyone.	(ਸਿਫ਼ਤ-ਸਾਲਾਹ ਦੀ) ਮਿੱਠੀ ਬਾਣੀ ਹਰੇਕ (ਇੰਦ੍ਰੇ) ਨੂੰ ਆਤਮਕ ਆਨੰਦ ਦੇਂਦੀ ਹੈ,
13762	299	ਪੰਚ ਭੂ ਆਤਮਾ ਹਰਿ ਨਾਮ ਰਸਿ ਪੋਖੈ॥	(ਪੰਚ)ਪ੍ਰਕਾਸ਼ ਸਰੂਪ ਬ੍ਰਹਮ। ਸਭ ਦੇ ਵਸਣ ਦੇ (ਭੂ) ਅਸਥਾਨ। (ਆਤਮਾ) ਅਪਣੇ ਆਪ ਸਰੂਪ ਵਾਹਿਗੁਰੂ ਜੀ। (ਪੋਖੈ) ਪ੍ਰਫੁੱਲਤ	Panch Bhoo Aathamaa Har Naam Ras Pokhai ||	The soul, the subtle essence of the five elements, cherishes the Nectar of the Naam, the Name of the Lord.	(ਸਿਫ਼ਤ-ਸਾਲਾਹ ਦੀ ਬਰਕਤਿ ਨਾਲ) ਮਨ ਪੰਜ ਤੱਤਾਂ ਦੇ ਸਤੋ ਅੰਸ ਦੀ ਘਾੜਤ ਵਿਚ ਘੜਿਆ ਜਾ ਕੇ ਪਰਮਾਤਮਾ ਦੇ ਨਾਮ-ਰਸ ਵਿਚ ਪ੍ਰਫੁੱਲਤ ਹੁੰਦਾ ਹੈ।
13763	299	ਗੁਰ ਪੂਰੇ ਤੇ ਏਹ ਨਿਹਚਉ ਪਾਈਐ॥	(ਨਿਹਚਉ) ਭਰੋਸਾ	Gur Poorae Thae Eaeh Nihacho Paaeeai ||	This faith is obtained from the Perfect Guru.	ਪੂਰੇ ਗੁਰੂ ਪਾਸੋਂ ਇਹ ਦਾਤ ਯਕੀਨੀ ਤੌਰ ਤੇ ਮਿਲ ਜਾਂਦੀ ਹੈ।
13764	299	ਨਾਨਕ ਰਾਮ ਰਮਤ ਫਿਰਿ ਜੋਨਿ ਨ ਆਈਐ॥੧੨॥		Naanak Raam Ramath Fir Jon N Aaeeai ||12||	O Nanak, dwelling upon the Lord, you shall not enter the womb of reincarnation again. ||12||	ਤੇ, ਹੇ ਨਾਨਕ! ਪਰਮਾਤਮਾ ਦਾ ਨਾਮ ਸਿਮਰਿਆਂ ਫਿਰ ਜੂਨਾਂ ਵਿਚ ਨਹੀਂ ਆਵੀਦਾ ॥੧੨॥
13765	299	ਸਲੋਕੁ॥		Salok ||	Shalok:	ਸਲੋਕੁ
13766	299	ਤੀਨਿ ਗੁਣਾ ਮਹਿ ਬਿਆਪਿਆ ਪੂਰਨ ਹੋਤ ਨ ਕਾਮ॥		Theen Gunaa Mehi Biaapiaa Pooran Hoth N Kaam ||	Engrossed in the three qualities, one's efforts do not succeed.	ਜਗਤ ਮਾਇਆ ਦੇ ਤਿੰਨ ਗੁਣਾਂ ਦੇ ਦਬਾਉ ਹੇਠ ਆਇਆ ਰਹਿੰਦਾ ਹੈ (ਇਸ ਵਾਸਤੇ ਕਦੇ ਭੀ ਇਸ ਦੀਆਂ) ਵਾਸਨਾ ਪੂਰੀਆਂ ਨਹੀਂ ਹੁੰਦੀਆਂ।

13767	299	ਪਤਿਤ ਉਧਾਰਣੁ ਮਨਿ ਬਸੈ ਨਾਨਕ ਛੂਟੈ ਨਾਮ॥੧੩॥		Pathith Oudhhaaran Man Basai Naanak Shhoottai Naam ||13||	When the Saving Grace of sinners dwells in the mind, O Nanak, then one is saved by the Naam, the Name of the Lord. ||13||	ਹੇ ਨਾਨਕ! ਉਹ ਮਨੁੱਖ (ਇਸ ਮਾਇਆ ਦੇ ਪੰਜੇ ਵਿਚੋਂ) ਖ਼ਲਾਸੀ ਹਾਸਲ ਕਰਦਾ ਹੈ ਜਿਸ ਦੇ ਮਨ ਵਿਚ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ ਜਿਸ ਦੇ ਮਨ ਵਿਚ ਉਹ ਪਰਮਾਤਮਾ ਆ ਵੱਸਦਾ ਹੈ ਜੋ ਵਿਕਾਰਾਂ ਵਿਚ ਡਿੱਗੇ ਹੋਏ ਮਨੁੱਖਾਂ ਨੂੰ ਵਿਕਾਰਾਂ ਵਿਚੋਂ ਬਚਾਣ ਦੀ ਸਮਰੱਥਾ ਵਾਲਾ ਹੈ ॥੧੩॥
13768	299	ਪਉੜੀ॥		Pourree ||	Pauree:	ਪਉੜੀ
13769	299	ਤ੍ਰਉਦਸੀ ਤੀਨਿ ਤਾਪ ਸੰਸਾਰ॥	(ਤ੍ਰਉ-ਦਸੀ) ਤੇਰ੍ਹਵੀਂ ਥਿੱਤ	Throudhasee Theen Thaap Sansaar ||	The thirteenth day of the lunar cycle: The world is in the fever of the three qualities.	(ਹੇ ਭਾਈ!) ਜਗਤ ਨੂੰ ਤਿੰਨ ਕਿਸਮਾਂ ਦੇ ਦੁੱਖ ਚੰਬੜੇ ਰਹਿੰਦੇ ਹਨ,
13770	299	ਆਵਤ ਜਾਤ ਨਰਕ ਅਵਤਾਰ॥	(ਅਵਤਾਰ) ਜਨਮ	Aavath Jaath Narak Avathaar ||	It comes and goes, and is reincarnated in hell.	(ਜਿਸ ਕਰਕੇ ਇਹ) ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ, ਦੁੱਖਾਂ ਵਿਚ ਹੀ ਜੰਮਦਾ ਰਹਿੰਦਾ ਹੈ।
13771	299	ਹਰਿ ਹਰਿ ਭਜਨੁ ਨ ਮਨ ਮਹਿ ਆਇਓ॥	ਭਜ-ਨੁ: ਪੋਲਾ ਬੋਲੋ	Har Har Bhajan N Man Mehi Aaeiou ||	Meditation on the Lord, Har, Har, does not enter into the minds of the people.	(ਤਿੰਨ ਤਾਪਾਂ ਦੇ ਕਾਰਨ ਮਨੁੱਖ ਦੇ) ਮਨ ਵਿਚ ਪਰਮਾਤਮਾ ਦਾ ਭਜਨ ਨਹੀਂ ਟਿਕਦਾ,
13772	299	ਸੁਖਸਾਗਰ ਪ੍ਰਭੁ ਨਿਮਖ ਨ ਗਾਇਓ॥		Sukh Saagar Prabh Nimakh N Gaaeiou ||	They do not sing the Praises of God, the Ocean of peace, even for an instant.	ਅੱਖ ਦੇ ਝਮਕਣ ਜਿਤਨੇ ਸਮੇ ਵਾਸਤੇ ਭੀ ਮਨੁੱਖ ਸੁਖਾਂ-ਦੇ-ਸਮੁੰਦਰ ਪ੍ਰਭੂ ਦੀ ਸਿਫ਼ਤ-ਸਾਲਾਹ ਨਹੀਂ ਕਰਦਾ।

13773	299	ਹਰਖ ਸੋਗ ਕਾ ਦੇਹ ਕਰਿ ਬਾਧਿਓ॥		Harakh Sog Kaa Dhaeh Kar Baadhhiou ||	This body is the embodiment of pleasure and pain.	ਮਨੁੱਖ ਆਪਣੇ ਆਪ ਨੂੰ ਖ਼ੁਸ਼ੀ ਗ਼ਮੀ ਦਾ ਪਿੰਡ ਬਣਾ ਕੇ ਵਸਾਈ ਬੈਠਾ ਹੈ,
13774	299	ਦੀਰਘ ਰੋਗੁ ਮਾਇਆ ਆਸਾਧਿਓ॥	(ਦੀਰਘ) ਲੰਮਾ। (ਆਸਾਧਿਓ) ਲਾਇਲਾਜ	Dheeragh Rog Maaeiaa Aasaadhhiou ||	It suffers from the chronic and incurable disease of Maya.	ਇਸ ਨੂੰ ਮਾਇਆ (ਦੇ ਮੋਹ) ਦਾ ਅਜੇਹਾ ਲੰਮਾ ਰੋਗ ਚੰਬੜਿਆ ਹੋਇਆ ਹੈ ਜੋ ਕਾਬੂ ਵਿਚ ਨਹੀਂ ਆ ਸਕਦਾ।
13775	299	ਦਿਨਹਿ ਬਿਕਾਰ ਕਰਤ ਸ੍ਰਮੁ ਪਾਇਓ॥	(ਸ੍ਰਮੁ) ਥਕਾਵਟ	Dhinehi Bikaar Karath Sram Paaeiou ||	By day, people practice corruption, wearing themselves out.	(ਤਿੰਨਾਂ ਤਾਪਾਂ ਦੇ ਅਸਰ ਹੇਠ ਮਨੁੱਖ) ਸਾਰਾ ਦਿਨ ਵਿਅਰਥ ਕੰਮ ਕਰਦਾ ਕਰਦਾ ਥੱਕ ਜਾਂਦਾ ਹੈ,
13776	299	ਨੈਨੀ ਨੀਦ ਸੁਪਨ ਬਰੜਾਇਓ॥		Nainee Needh Supan Bararraaeiou ||	And then with sleep in their eyes, they mutter in dreams.	(ਰਾਤ ਨੂੰ ਜਦੋਂ) ਅੱਖਾਂ ਵਿਚ ਨੀਂਦ (ਆਉਂਦੀ ਹੈ, ਤਦੋਂ) ਸੁਪਨਿਆਂ ਵਿਚ ਭੀ (ਦਿਨ ਵੇਲੇ ਦੀ ਦੌੜ-ਭੱਜ ਦੀਆਂ) ਗੱਲਾਂ ਕਰਦਾ ਹੈ।
13777	299	ਹਰਿ ਬਿਸਰਤ ਹੋਵਤ ਏਹ ਹਾਲ॥		Har Bisarath Hovath Eaeh Haal ||	Forgetting the Lord, this is their condition.	ਪਰਮਾਤਮਾ ਨੂੰ ਭੁਲਾ ਦੇਣ ਦੇ ਕਾਰਨ ਮਨੁੱਖ ਦਾ ਇਹ ਹਾਲ ਹੁੰਦਾ ਹੈ।
13778	299	ਸਰਨਿ ਨਾਨਕ ਪ੍ਰਭ ਪੁਰਖ ਦਇਆਲ॥੧੩॥		Saran Naanak Prabh Purakh Dhaeiaal ||13||	Nanak seeks the Sanctuary of God, the kind and compassionate Primal Being. ||13||	ਹੇ ਨਾਨਕ! (ਆਖ-ਜੇ ਇਸ ਦੁਖਦਾਈ ਹਾਲਤ ਤੋਂ ਬਚਣਾ ਹੈ, ਤਾਂ) ਦਇਆ ਦੇ ਸੋਮੇ ਅਕਾਲ ਪੁਰਖ ਪ੍ਰਭੂ ਦੀ ਸਰਨ ਪਉ ॥੧੩॥
13779	299	ਸਲੋਕੁ॥		Salok ||	Shalok:	ਸਲੋਕੁ

13780	299	ਚਾਰਿ ਕੁੰਟ ਚਉਦਹ ਭਵਨ ਸਗਲ ਬਿਆਪਤ ਰਾਮ॥		Chaar Kuntt Choudheh Bhavan Sagal Biaapath Raam ||	The Lord is pervading in all the four directions and the fourteen worlds.	ਚਾਰ ਪਾਸੇ ਤੇ ਚੌਦਾਂ ਲੋਕ-ਸਭਨਾਂ ਵਿਚ ਹੀ ਪਰਮਾਤਮਾ ਵੱਸ ਰਿਹਾ ਹੈ।
13781	299	ਨਾਨਕ ਊਨ ਨ ਦੇਖੀਐ ਪੂਰਨ ਤਾ ਕੇ ਕਾਮ॥੧੪॥		Naanak Oon N Dhaekheeai Pooran Thaa Kae Kaam ||14||	O Nanak, He is not seen to be lacking anything; His works are perfectly complete. ||14||	ਹੇ ਨਾਨਕ! (ਉਸ ਪਰਮਾਤਮਾ ਦੇ ਭੰਡਾਰਿਆਂ ਵਿਚ) ਕੋਈ ਕਮੀ ਨਹੀਂ ਵੇਖੀ ਜਾਂਦੀ, ਉਸ ਦੇ ਕੀਤੇ ਸਾਰੇ ਹੀ ਕੰਮ ਸਫਲ ਹੁੰਦੇ ਹਨ ॥੧੪॥
13782	299	ਪਉੜੀ॥		Pourree ||	Pauree:	ਪਉੜੀ
13783	299	ਚਉਦਹਿ ਚਾਰਿ ਕੁੰਟ ਪ੍ਰਭ ਆਪ॥	(ਚਉਦਹਿ) ਚੌਦਵੀਂ ਥਿੱਤ	Choudhehi Chaar Kuntt Prabh Aap ||	The fourteenth day of the lunar cycle: God Himself is in all four directions.	ਚੌਹੀਂ ਪਾਸੀਂ ਪਰਮਾਤਮਾ ਆਪ ਵੱਸ ਰਿਹਾ ਹੈ,
13784	299	ਸਗਲ ਭਵਨ ਪੂਰਨ ਪਰਤਾਪ॥		Sagal Bhavan Pooran Parathaap ||	On all worlds, His radiant glory is perfect.	ਸਾਰੇ ਭਵਨਾਂ ਵਿਚ ਉਸ ਦਾ ਤੇਜ-ਪਰਤਾਪ ਚਮਕਦਾ ਹੈ।
13785	299	ਦਸੇ ਦਿਸਾ ਰਵਿਆ ਪ੍ਰਭੁ ਏਕੁ॥	(ਰਵਿਆ) ਸਮਾਏ	Dhasae Dhisaa Raviaa Prabh Eaek ||	The One God is diffused in the ten directions.	ਸਿਰਫ਼ ਇਕ ਪ੍ਰਭੂ ਹੀ ਦਸੀਂ ਪਾਸੀਂ ਵੱਸਦਾ ਹੈ।
13786	299	ਧਰਨਿ ਅਕਾਸ ਸਭ ਮਹਿ ਪ੍ਰਭ ਪੇਖੁ॥	(ਪੇਖੁ) ਦੇਖੋ	Dhharan Akaas Sabh Mehi Prabh Paekh ||	Behold God in all the earth and sky.	(ਹੇ ਭਾਈ!) ਧਰਤੀ ਆਕਾਸ਼ ਸਭ ਵਿਚ ਵੱਸਦਾ ਪਰਮਾਤਮਾ ਵੇਖੋ।

13787	299	ਜਲ ਥਲ ਬਨ ਪਰਬਤ ਪਾਤਾਲ॥		Jal Thhal Ban Parabath Paathaal ||	In the water, on the land, in the forests and mountains, and in the nether regions of the underworld,	ਪਾਣੀ, ਧਰਤੀ, ਜੰਗਲ, ਪਹਾੜ, ਪਾਤਾਲ-
13788	299	ਪਰਮੇਸ੍ਵਰ ਤਹ ਬਸਹਿ ਦਇਆਲ॥	ਪਰਮੇ-ਸੁਅਰ	Paramaesvar Theh Basehi Dhaeiaal ||	The Merciful Transcendent Lord is abiding.	ਇਹਨਾਂ ਸਭਨਾਂ ਵਿਚ ਹੀ ਦਇਆ-ਦੇ-ਘਰ ਪ੍ਰਭੂ ਜੀ ਵੱਸ ਰਹੇ ਹਨ।
13789	299	ਸੂਖਮ ਅਸਥੂਲ ਸਗਲ ਭਗਵਾਨ॥	(ਸੂਖਮ) ਅਦ੍ਰਿਸ਼ਟ। (ਅਸਥੂਲ) ਦਿਸਦਾ ਸੰਸਾਰ	Sookham Asathhool Sagal Bhagavaan ||	The Lord God is in all mind and matter, subtle and manifest.	ਅਣਦਿੱਸਦੇ ਤੇ ਦਿੱਸਦੇ ਸਾਰੇ ਹੀ ਜਗਤ ਵਿਚ ਭਗਵਾਨ ਮੌਜੂਦ ਹੈ।
13790	299	ਨਾਨਕ ਗੁਰਮੁਖਿ ਬ੍ਰਹਮੁ ਪਛਾਨ॥੧੪॥		Naanak Guramukh Breham Pashhaan ||14||	O Nanak, the Gurmukh realizes God. ||14||	ਹੇ ਨਾਨਕ! ਜੇਹੜਾ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰਦਾ ਹੈ ਉਹ ਪਰਮਾਤਮਾ ਨੂੰ (ਸਭ ਥਾਂ ਵੱਸਦਾ) ਪਛਾਣ ਲੈਂਦਾ ਹੈ ॥੧੪॥
13791	299	ਸਲੋਕੁ॥		Salok ||	Shalok:	ਸਲੋਕੁ
13792	299	ਆਤਮੁ ਜੀਤਾ ਗੁਰਮਤੀ ਗੁਣ ਗਾਏ ਗੋਬਿੰਦ॥		Aatham Jeethaa Guramathee Gun Gaaeae Gobindh ||	The soul is conquered through the Guru's Teachings singing the Glories of God.	ਜਿਸ ਮਨੁੱਖ ਨੇ ਗੁਰੂ ਦੀ ਸਿੱਖਿਆ ਤੇ ਤੁਰ ਕੇ ਆਪਣੇ ਆਪ ਨੂੰ (ਆਪਣੇ ਮਨ ਨੂੰ) ਵੱਸ ਵਿਚ ਕੀਤਾ ਅਤੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ,
13793	299	ਸੰਤ ਪ੍ਰਸਾਦੀ ਭੈ ਮਿਟੇ ਨਾਨਕ ਬਿਨਸੀ ਚਿੰਦ॥੧੫॥	(ਬਿਨਸੀ) ਨਾਸ। (ਚਿੰਦ) ਚਿੰਤਾ	Santh Prasaadhee Bhai Mittae Naanak Binasee Chindh ||15||	By the Grace of the Saints, fear is dispelled, O Nanak, and anxiety is ended. ||15||	ਗੁਰੂ ਦੀ ਕਿਰਪਾ ਨਾਲ ਉਸ ਦੇ ਸਾਰੇ ਡਰ ਦੂਰ ਹੋ ਗਏ ਅਤੇ ਹੇ ਨਾਨਕ! ਹਰੇਕ ਕਿਸਮ ਦਾ ਚਿੰਤਾ-ਫ਼ਿਕਰ ਨਾਸ ਹੋ ਗਿਆ ॥੧੫॥

13794	299	ਪਉੜੀ॥		Pourree ||	Pauree:	ਪਉੜੀ
13795	299	ਅਮਾਵਸ ਆਤਮ ਸੁਖੀ ਭਏ ਸੰਤੋਖੁ ਦੀਆ ਗੁਰਦੇਵ॥	(ਅਮਾਵਸ) ਮੱਸਿਆ	Amaavas Aatham Sukhee Bheae Santhokh Dheeaa Guradhaev ||	The day of the new moon: My soul is at peace; the Divine Guru has blessed me with contentment.	(ਹੇ ਭਾਈ!) ਜਿਸ ਮਨੁੱਖ ਨੂੰ ਸਤਿਗੁਰੂ ਨੇ ਸੰਤੋਖ ਬਖ਼ਸ਼ਿਆ ਉਸ ਦਾ ਆਤਮਾ ਸੁੱਖੀ ਹੋ ਗਿਆ,
13796	300	ਮਨੁ ਤਨੁ ਸੀਤਲੁ ਸਾਂਤਿ ਸਹਜ ਲਾਗਾ ਪ੍ਰਭ ਕੀ ਸੇਵ॥		Man Than Seethal Saanth Sehaj Laagaa Prabh Kee Saev ||	My mind and body are cooled and soothed, in intuitive peace and poise; I have dedicated myself to serving God.	(ਗੁਰੂ ਦੀ ਕਿਰਪਾ ਨਾਲ) ਉਹ ਪਰਮਾਤਮਾ ਦੀ ਸੇਵਾ-ਭਗਤੀ ਵਿਚ ਲੱਗਾ (ਜਿਸ ਕਰਕੇ) ਉਸ ਦਾ ਮਨ ਉਸ ਦਾ ਹਿਰਦਾ ਠੰਢਾ-ਠਾਰ ਹੋ ਗਿਆ। ਉਸ ਦੇ ਅੰਦਰ ਸ਼ਾਂਤੀ ਤੇ ਆਤਮਕ ਅਡੋਲਤਾ ਪੈਦਾ ਹੋ ਗਈ।
13797	300	ਟੂਟੇ ਬੰਧਨ ਬਹੁ ਬਿਕਾਰ ਸਫਲ ਪੂਰਨ ਤਾ ਕੇ ਕਾਮ॥		Ttoottae Bandhhan Bahu Bikaar Safal Pooran Thaa Kae Kaam ||	One who meditates in remembrance on the Name of the Lord - his bonds are broken,	(ਹੇ ਭਾਈ!) ਉਸ ਦੇ ਅਨੇਕਾਂ ਵਿਕਾਰਾਂ (ਦੇ ਸੰਸਕਾਰਾਂ) ਦੇ ਬੰਧਨ ਟੁੱਟ ਜਾਂਦੇ ਹਨ (ਜੇਹੜਾ ਮਨੁੱਖ ਸਿਮਰਨ ਕਰਦਾ ਹੈ) ਉਸ ਦੇ ਸਾਰੇ ਕਾਰਜ ਰਾਸਿ ਆ ਜਾਂਦੇ ਹਨ।
13798	300	ਦੁਰਮਤਿ ਮਿਟੀ ਹਉਮੈ ਛੁਟੀ ਸਿਮਰਤ ਹਰਿ ਕੋ ਨਾਮ॥	ਮਿਟੀ: ਪੋਲਾ ਬੋਲੋ। ਦੁਰ-ਮੱਤਿ ਛੁੱਟੀ	Dhuramath Mittee Houmai Shhuttee Simarath Har Ko Naam ||	All his sins are erased, and his works are brought to perfect fruition; his evil-mindedness disappears, and his ego is subdued.	ਉਸ ਦੀ ਖੋਟੀ ਮਤਿ ਮੁੱਕ ਜਾਂਦੀ ਹੈ ਤੇ ਪਰਮਾਤਮਾ ਦਾ ਨਾਮ ਸਿਮਰਿਆਂ ਉਸ ਨੂੰ ਹਉਮੈ ਤੋਂ ਖ਼ਲਾਸੀ ਮਿਲ ਜਾਂਦੀ ਹੈ।

13799	300	ਸਰਨਿ ਗਹੀ ਪਾਰਬ੍ਰਹਮ ਕੀ ਮਿਟਿਆ ਆਵਾ ਗਵਨ॥	(ਆਵਾ ਗਵਨ) ਜਨਮ ਮਰਨ	Saran Gehee Paarabreham Kee Mittiaa Aavaa Gavan ||	Taking to the Sanctuary of the Supreme Lord God, his comings and goings in reincarnation are ended.	(ਹੇ ਭਾਈ!) ਜਿਸ ਮਨੁੱਖ ਨੇ ਪਾਰਬ੍ਰਹਮ ਪਰਮੇਸਰ ਦਾ ਆਸਰਾ ਲਿਆ, ਉਸ ਦਾ ਜਨਮ ਮਰਨ (ਦਾ ਗੇੜ) ਮੁੱਕ ਜਾਂਦਾ ਹੈ।
13800	300	ਆਪਿ ਤਰਿਆ ਕੁਟੰਬ ਸਿਉ ਗੁਣ ਗੁਬਿੰਦ ਪ੍ਰਭ ਰਵਨ॥	(:ਪੋਲਾ ਬੋਲੋ ਰਵਨ) ਸਿਮਰਨ	Aap Thariaa Kuttanb Sio Gun Gubindh Prabh Ravan ||	He saves himself, along with his family, chanting the Praises of God, the Lord of the Universe.	ਗੋਬਿੰਦ ਪ੍ਰਭੂ ਦੇ ਗੁਣ ਗਾਣ ਦੀ ਬਰਕਤਿ ਨਾਲ ਉਹ ਮਨੁੱਖ ਆਪਣੇ ਪਰਵਾਰ ਸਮੇਤ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ।
13801	300	ਹਰਿ ਕੀ ਟਹਲ ਕਮਾਵਣੀ ਜਪੀਐ ਪ੍ਰਭ ਕਾ ਨਾਮੁ॥		Har Kee Ttehal Kamaavanee Japeeai Prabh Kaa Naam ||	I serve the Lord, and I chant the Name of God.	(ਹੇ ਭਾਈ!) ਪਰਮਾਤਮਾ ਦੀ ਸੇਵਾ ਭਗਤੀ ਕਰਨੀ ਚਾਹੀਦੀ ਹੈ, ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ।
13802	300	ਗੁਰ ਪੂਰੇ ਤੇ ਪਾਇਆ ਨਾਨਕ ਸੁਖ ਬਿਸ੍ਰਾਮੁ॥੧੫॥		Gur Poorae Thae Paaeiaa Naanak Sukh Bisraam ||15||	From the Perfect Guru, Nanak has obtained peace and comfortable ease. ||15||	ਹੇ ਨਾਨਕ! ਸਾਰੇ ਸੁਖਾਂ ਦਾ ਮੂਲ ਉਹ ਪ੍ਰਭੂ ਪੂਰੇ ਗੁਰੂ ਦੀ ਰਾਹੀਂ ਮਿਲ ਪੈਂਦਾ ਹੈ ॥੧੫॥
13803	300	ਸਲੋਕੁ॥		Salok ||	Shalok:	ਸਲੋਕੁ

13804	300	ਪੂਰਨੁ ਕਬਹੁ ਨ ਡੋਲਤਾ ਪੂਰਾ ਕੀਆ ਪ੍ਰਭ ਆਪਿ॥		Pooran Kabahu N Ddolathaa Pooraa Keeaa Prabh Aap ||	The perfect person never wavers; God Himself made him perfect.	ਜਿਸ ਮਨੁੱਖ ਨੂੰ ਪਰਮਾਤਮਾ ਨੇ ਆਪ ਮੁਕੰਮਲ ਜੀਵਨ ਵਾਲਾ ਬਣਾ ਦਿੱਤਾ ਉਹ ਪੂਰਨ ਮਨੁੱਖ ਕਦੇ (ਮਾਇਆ ਦੇ ਅਸਰ ਹੇਠ ਆ ਕੇ) ਨਹੀਂ ਡੋਲਦਾ,
13805	300	ਦਿਨੁ ਦਿਨੁ ਚੜੈ ਸਵਾਇਆ ਨਾਨਕ ਹੋਤ ਨ ਘਾਟਿ॥੧੬॥	ਚੜੈ	Dhin Dhin Charrai Savaaeiaa Naanak Hoth N Ghaatt ||16||	Day by day, he prospers; O Nanak, he shall not fail. ||16||	ਉਸ ਦਾ ਆਤਮਕ ਜੀਵਨ ਦਿਨੇ ਦਿਨ ਵਧੀਕ ਚਮਕਦਾ ਹੈ। ਹੇ ਨਾਨਕ! ਉਸ ਦੇ ਆਤਮਕ ਜੀਵਨ ਵਿਚ ਕਦੇ ਕਮੀ ਨਹੀਂ ਹੁੰਦੀ ॥੧੬॥
13806	300	ਪਉੜੀ॥		Pourree ||	Pauree:	ਪਉੜੀ
13807	300	ਪੂਰਨਮਾ ਪੂਰਨ ਪ੍ਰਭ ਏਕੁ ਕਰਣ ਕਾਰਣ ਸਮਰਥੁ॥	(ਪੂਰਨਮਾ)ਪੁੰਨਿਆਂ। ਸਮਰੱਥੁ	Pooranamaa Pooran Prabh Eaek Karan Kaaran Samarathh ||	The day of the full moon: God alone is Perfect; He is the All-powerful Cause of causes.	ਸਿਰਫ਼ ਪਰਮਾਤਮਾ ਹੀ ਸਾਰੇ ਗੁਣਾਂ ਨਾਲ ਭਰਪੂਰ ਹੈ, ਸਾਰੇ ਜਗਤ ਦਾ ਮੂਲ ਹੈ ਤੇ ਸਾਰੀਆਂ ਤਾਕਤਾਂ ਦਾ ਮਾਲਕ ਹੈ।
13808	300	ਜੀਅ ਜੰਤ ਦਇਆਲ ਪੁਰਖੁ ਸਭ ਊਪਰਿ ਜਾ ਕਾ ਹਥੁ॥		Jeea Janth Dhaeiaal Purakh Sabh Oopar Jaa Kaa Hathh ||	The Lord is kind and compassionate to all beings and creatures; His Protecting Hand is over all.	ਉਹ ਸਰਬ ਵਿਆਪਕ ਪ੍ਰਭੂ ਸਭ ਜੀਵਾਂ ਉਤੇ ਦਇਆਵਾਨ ਰਹਿੰਦਾ ਹੈ, ਸਭ ਜੀਵਾਂ ਉਤੇ ਉਸ (ਦੀ ਸਹਾਇਤਾ) ਦਾ ਹੱਥ ਹੈ।

13809	300	ਗੁਣ ਨਿਧਾਨ ਗੋਬਿੰਦ ਗੁਰ ਕੀਆ ਜਾ ਕਾ ਹੋਇ॥		Gun Nidhhaan Gobindh Gur Keeaa Jaa Kaa Hoe ||	He is the Treasure of Excellence, the Lord of the Universe; through the Guru, He acts.	ਉਹ ਪਰਮਾਤਮਾ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ, ਸਾਰੀ ਸ੍ਰਿਸ਼ਟੀ ਦਾ ਪਾਲਕ ਹੈ, ਸਭ ਤੋਂ ਵੱਡਾ ਹੈ, ਸਭ ਕੁਝ ਉਸੇ ਦਾ ਹੀ ਕੀਤਾ ਵਾਪਰਦਾ ਹੈ।
13810	300	ਅੰਤਰਜਾਮੀ ਪ੍ਰਭੁ ਸੁਜਾਨੁ ਅਲਖ ਨਿਰੰਜਨ ਸੋਇ॥		Antharajaamee Prabh Sujaan Alakh Niranjan Soe ||	God, the Inner-knower, the Searcher of hearts, is All-knowing, Unseen and Immaculately Pure.	ਪ੍ਰਭੂ ਸਭ ਦੇ ਦਿਲ ਦੀ ਜਾਣਨ ਵਾਲਾ ਹੈ, ਸਿਆਣਾ ਹੈ, ਉਸ ਦਾ ਮੁਕੰਮਲ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਉਹ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ।
13811	300	ਪਾਰਬ੍ਰਹਮੁ ਪਰਮੇਸਰੋ ਸਭ ਬਿਧਿ ਜਾਨਣਹਾਰ॥		Paarabreham Paramaesaro Sabh Bidhh Jaananehaar ||	The Supreme Lord God, the Transcendent Lord, is the Knower of all ways and means.	(ਹੇ ਭਾਈ!) ਉਹ ਪਾਰਬ੍ਰਹਮ ਸਭ ਤੋਂ ਵੱਡਾ ਮਾਲਕ ਹੈ (ਜੀਵਾਂ ਦੇ ਭਲੇ ਦਾ) ਹਰੇਕ ਢੰਗ ਜਾਣਨ ਵਾਲਾ ਹੈ,
13812	300	ਸੰਤ ਸਹਾਈ ਸਰਨਿ ਜੋਗੁ ਆਠ ਪਹਰ ਨਮਸਕਾਰ॥		Santh Sehaaee Saran Jog Aath Pehar Namasakaar ||	He is the Support of His Saints, with the Power to give Sanctuary. Twenty-four hours a day, I bow in reverence to Him.	ਸੰਤਾਂ ਦਾ ਰਾਖਾ ਹੈ, ਸਰਨ ਆਏ ਦੀ ਸਹਾਇਤਾ ਕਰਨ ਜੋਗਾ ਹੈ- ਉਸ ਪਰਮਾਤਮਾ ਨੂੰ ਅੱਠੇ ਪਹਰ ਨਮਸਕਾਰ ਕਰ।

13813	300	ਅਕਥ ਕਥਾ ਨਹ ਬੂਝੀਐ ਸਿਮਰਹੁ ਹਰਿ ਕੇ ਚਰਨ॥	ਅ-ਕਥ ਕਥਾ: ਪੋਲੇ ਬੋਲੋ। ਬੂੱਝੀਐ	Akathh Kathhaa Neh Boojheeai Simarahu Har Kae Charan ||	His Unspoken Speech cannot be understood; I meditate on the Feet of the Lord.	ਪਰਮਾਤਮਾ ਦੇ ਸਾਰੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ, ਉਸ ਦਾ ਸਹੀ ਸਰੂਪ ਸਮਝਿਆ ਨਹੀਂ ਜਾ ਸਕਦਾ। ਉਸ ਪਰਮਾਤਮਾ ਦੇ ਚਰਨਾਂ ਦਾ ਧਿਆਨ ਧਰ।
13814	300	ਪਤਿਤ ਉਧਾਰਨ ਅਨਾਥ ਨਾਥ ਨਾਨਕ ਪ੍ਰਭ ਕੀ ਸਰਨ॥੧੬॥		Pathith Oudhhaaran Anaathh Naathh Naanak Prabh Kee Saran ||16||	He is the Saving Grace of sinners, the Master of the masterless; Nanak has entered God's Sanctuary. ||16||	ਹੇ ਨਾਨਕ! ਉਹ ਪਰਮਾਤਮਾ (ਵਿਕਾਰਾਂ ਵਿਚ) ਡਿੱਗੇ ਬੰਦਿਆਂ ਨੂੰ (ਵਿਕਾਰਾਂ ਤੋਂ) ਬਚਾਣ ਵਾਲਾ ਹੈ, ਉਹ ਨਿਖਸਮਿਆਂ ਦਾ ਖਸਮ ਹੈ, ਉਸ ਦਾ ਆਸਰਾ ਲੈ ॥੧੬॥
13815	300	ਸਲੋਕੁ॥		Salok ||	Shalok:	ਸਲੋਕੁ
13816	300	ਦੁਖ ਬਿਨਸੇ ਸਹਸਾ ਗਇਓ ਸਰਨਿ ਗਹੀ ਹਰਿ ਰਾਇ॥	ਗਇਓ	Dhukh Binasae Sehasaa Gaeiou Saran Gehee Har Raae ||	My pain is gone, and my sorrows have departed, since I took to the Sanctuary of the Lord, my King.	(ਜਿਸ ਮਨੁੱਖ ਨੇ) ਪ੍ਰਭੂ ਪਾਤਿਸ਼ਾਹ ਦਾ ਆਸਰਾ ਲਿਆ, (ਉਸ ਦੇ) ਸਾਰੇ ਦੁੱਖ ਨਾਸ ਹੋ ਗਏ, (ਉਸ ਦੇ ਅੰਦਰੋਂ ਹਰੇਕ ਕਿਸਮ ਦਾ) ਸਹਮ ਦੂਰ ਹੋ ਗਿਆ।
13817	300	ਮਨਿ ਚਿੰਦੇ ਫਲ ਪਾਇਆ ਨਾਨਕ ਹਰਿ ਗੁਨ ਗਾਇ॥੧੭॥		Man Chindhae Fal Paaeiaa Naanak Har Gun Gaae ||17||	I have obtained the fruits of my mind's desires, O Nanak, singing the Glorious Praises of the Lord. ||17||	ਹੇ ਨਾਨਕ! ਪਰਮਾਤਮਾ ਦੇ ਗੁਣ ਗਾ ਕੇ (ਉਸ ਨੇ ਆਪਣੇ) ਮਨ ਵਿਚ ਚਿਤਵੇ ਹੋਏ ਸਾਰੇ ਹੀ ਫਲ ਹਾਸਲ ਕਰ ਲਏ ॥੧੭॥
13818	300	ਪਉੜੀ॥		Pourree ||	Pauree:	ਪਉੜੀ

13819	300	ਕੋਈ ਗਾਵੈ ਕੋ ਸੁਣੈ ਕੋਈ ਕਰੈ ਬੀਚਾਰੁ॥		Koee Gaavai Ko Sunai Koee Karai Beechaar ||	Some sing, some listen, and some contemplate;	ਜਿਹੜਾ ਕੋਈ ਮਨੁੱਖ (ਪਰਮਾਤਮਾ ਦੇ ਗੁਣ) ਗਾਂਦਾ ਹੈ, ਜਿਹੜਾ ਕੋਈ ਮਨੁੱਖ (ਪਰਮਾਤਮਾ ਦੀ ਸਿਫ਼ਤ-ਸਾਲਾਹ) ਸੁਣਦਾ ਹੈ,
13820	300	ਕੋ ਉਪਦੇਸੈ ਕੋ ਦ੍ਰਿੜੈ ਤਿਸ ਕਾ ਹੋਇ ਉਧਾਰੁ॥		Ko Oupadhaesai Ko Dhrirrai This Kaa Hoe Oudhhaar ||	Some preach, and some implant the Name within; this is how they are saved.	ਜਿਹੜਾ ਕੋਈ ਮਨੁੱਖ (ਪਰਮਾਤਮਾ ਦੇ ਗੁਣਾਂ ਨੂੰ ਆਪਣੇ) ਮਨ ਵਿੱਚ ਵਸਾਂਦਾ ਹੈ, ਜੇਹੜਾ ਕੋਈ ਮਨੁੱਖ (ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨ ਦਾ ਹੋਰਨਾਂ ਨੂੰ) ਉਪਦੇਸ਼ ਕਰਦਾ ਹੈ (ਤੇ ਆਪ ਭੀ ਉਸ ਸਿਫ਼ਤ-ਸਾਲਾਹ ਨੂੰ ਆਪਣੇ ਮਨ ਵਿਚ) ਪੱਕੀ ਕਰਕੇ ਟਿਕਾਂਦਾ ਹੈ, ਉਸ ਮਨੁੱਖ ਦਾ ਵਿਕਾਰਾਂ ਤੋਂ ਬਚਾਉ ਹੋ ਜਾਂਦਾ ਹੈ।
13821	300	ਕਿਲਬਿਖ ਕਾਟੈ ਹੋਇ ਨਿਰਮਲਾ ਜਨਮ ਜਨਮ ਮਲੁ ਜਾਇ॥		Kilabikh Kaattai Hoe Niramalaa Janam Janam Mal Jaae ||	Their sinful mistakes are erased, and they become pure; the filth of countless incarnations is washed away.	ਉਹ ਮਨੁੱਖ (ਆਪਣੇ ਅੰਦਰੋਂ) ਵਿਕਾਰ ਕੱਟ ਲੈਂਦਾ ਹੈ; ਉਸ ਦਾ ਜੀਵਨ ਪਵਿਤ੍ਰ ਹੋ ਜਾਂਦਾ ਹੈ; ਅਨੇਕਾਂ ਜਨਮਾਂ (ਦੇ ਕੀਤੇ ਹੋਏ ਵਿਕਾਰਾਂ) ਦੀ ਮੈਲ (ਉਸ ਦੇ ਅੰਦਰੋਂ) ਦੂਰ ਹੋ ਜਾਂਦੀ ਹੈ।
13822	300	ਹਲਤਿ ਪਲਤਿ ਮੁਖੁ ਊਜਲਾ ਨਹ ਪੋਹੈ ਤਿਸੁ ਮਾਇ॥		Halath Palath Mukh Oojalaa Neh Pohai This Maae ||	In this world and the next, their faces shall be radiant; they shall not be touched by Maya.	ਇਸ ਲੋਕ ਵਿਚ (ਭੀ ਉਸ ਦਾ) ਮੂੰਹ ਰੌਸ਼ਨ ਰਹਿੰਦਾ ਹੈ (ਕਿਉਂਕਿ) ਮਾਇਆ ਉਸ ਉਤੇ ਆਪਣਾ ਪ੍ਰਭਾਵ ਨਹੀਂ ਪਾ ਸਕਦੀ।

13823	300	ਸੋ ਸੁਰਤਾ ਸੋ ਬੈਸਨੋ ਸੋ ਗਿਆਨੀ ਧਨਵੰਤੁ॥		So Surathaa So Baisano So Giaanee Dhhanavanth ||	They are intuitively wise, and they are Vaishnaavs, worshippers of Vishnu; they are spiritually wise, wealthy and prosperous.	(ਹੇ ਭਾਈ!) ਉਹ ਮਨੁੱਖ ਪਰਮਾਤਮਾ ਨਾਲ ਡੂੰਘੀ ਸਾਂਝ ਵਾਲਾ ਹੈ; ਉਹ ਸੁੱਚੇ ਆਚਰਨ ਵਾਲਾ ਹੈ; ਉਹ ਪ੍ਰਭੂ-ਚਰਨਾਂ ਵਿਚ ਸੁਰਤ ਜੋੜੀ ਰੱਖਣ ਵਾਲਾ ਹੈ, ਉਹ (ਅਸਲ) ਧਨਾਢ ਹੈ;
13824	300	ਸੋ ਸੂਰਾ ਕੁਲਵੰਤੁ ਸੋਇ ਜਿਨਿ ਭਜਿਆ ਭਗਵੰਤੁ॥	ਭਜਿਆ: ਪੋਲਾ ਬੋਲੋ	So Sooraa Kulavanth Soe Jin Bhajiaa Bhagavanth ||	They are spiritual heros, of noble birth, who vibrate upon the Lord God.	ਉਹ (ਵਿਕਾਰਾਂ ਦਾ ਟਾਕਰਾ ਕਰ ਸਕਣ ਵਾਲਾ ਅਸਲ) ਸੂਰਮਾ ਹੈ; ਉਹੀ ਉੱਚੀ ਕੁਲ ਵਾਲਾ ਹੈ; ਉਹ ਪਰਮਾਤਮਾ ਨਾਲ ਡੂੰਘੀ ਸਾਂਝ ਵਾਲਾ ਹੈ; ਜਿਸ (ਮਨੁੱਖ) ਨੇ ਭਗਵਾਨ ਦਾ ਭਜਨ ਕੀਤਾ ਹੈ।
13825	300	ਖਤ੍ਰੀ ਬ੍ਰਾਹਮਣੁ ਸੂਦੁ ਬੈਸੁ ਉਧਰੈ ਸਿਮਰਿ ਚੰਡਾਲ॥	ਖੱਤ੍ਰੀ	Khathree Braahaman Soodh Bais Oudhharai Simar Chanddaal ||	The Kh'shatriyas, the Brahmins, the low-caste Soodras, the Vaisha workers and the outcast pariahs are all saved,	(ਹੇ ਭਾਈ! ਕੋਈ) ਖੱਤਰੀ (ਹੋਵੇ, ਕੋਈ) ਬ੍ਰਾਹਮਣ (ਹੋਵੇ; ਕੋਈ) ਸ਼ੂਦਰ (ਹੋਵੇ; ਕੋਈ) ਵੈਸ਼ (ਹੋਵੇ; ਕੋਈ) ਚੰਡਾਲ (ਹੋਵੇ; ਕਿਸੇ ਭੀ ਵਰਨ ਦਾ ਹੋਵੇ; ਪਰਮਾਤਮਾ ਦਾ ਨਾਮ) ਸਿਮਰ ਕੇ (ਉਹ ਵਿਕਾਰਾਂ ਤੋਂ) ਬਚ ਜਾਂਦਾ ਹੈ।
13826	300	ਜਿਨਿ ਜਾਨਿਓ ਪ੍ਰਭੁ ਆਪਨਾ ਨਾਨਕ ਤਿਸਹਿ ਰਵਾਲ॥੧੭॥		Jin Jaaniou Prabh Aapanaa Naanak Thisehi Ravaal ||17||	Meditating on the Lord. Nanak is the dust of the feet of those who know his God. ||17||	ਜਿਸ (ਭੀ ਮਨੁੱਖ) ਨੇ ਆਪਣੇ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਹੈ, ਨਾਨਕ ਉਸ ਦੇ ਚਰਨਾਂ ਦੀ ਧੂੜ (ਮੰਗਦਾ ਹੈ) ॥੧੭॥

13827	300	ਗਉੜੀ ਕੀ ਵਾਰ ਮਹਲਾ ੪॥		Gourree Kee Vaar Mehalaa 4 ||	Vaar In Gauree, Fourth Mehl:	ਰਾਗ ਗਉੜੀ ਵਿੱਚ ਗੁਰੂ ਅਰਜਨ ਜੀ ਦੀ ਬਾਣੀ 'ਵਾਰ'।
13828	300	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
13829	300	ਸਲੋਕ ਮਃ ੪॥		Salok Ma 4 ||	Shalok Fourth Mehl:	
13830	300	ਸਤਿਗੁਰੁ ਪੁਰਖੁ ਦਇਆਲੁ ਹੈ ਜਿਸ ਨੋ ਸਮਤੁ ਸਭੁ ਕੋਇ॥	ਸਮਤੁ: ਪੋਲਾ ਬੋਲੋ ਮਿਲਵਾਂ। (ਸਮਤੁ)ਸਮਾਨ ਇੱਕੋ ਜਿਹਾ	Sathigur Purakh Dhaeiaal Hai Jis No Samath Sabh Koe ||	The True Guru, the Primal Being, is kind and compassionate; all are alike to Him.	ਸਤਿਗੁਰੂ ਸਭ ਜੀਆਂ ਤੇ ਮਿਹਰ ਕਰਨ ਵਾਲਾ ਹੈ, ਉਸ ਨੂੰ ਹੇਰਕ ਜੀਵ ਇਕੋ ਜਿਹਾ ਹੈ।
13831	300	ਏਕ ਦ੍ਰਿਸਟਿ ਕਰਿ ਦੇਖਦਾ ਮਨ ਭਾਵਨੀ ਤੇ ਸਿਧਿ ਹੋਇ॥		Eaek Dhrisatt Kar Dhaekhadhaa Man Bhaavanee Thae Sidhh Hoe ||	He looks upon all impartially; with pure faith in the mind, He is obtained.	ਉਹ ਸਭਨਾਂ ਵਲ ਇਕੋ ਨਿਗਾਹ ਨਾਲ ਵੇਖਦਾ ਹੈ, ਪਰ (ਜੀਵ ਨੂੰ ਆਪਣੇ ਉੱਦਮ ਦੀ) ਸਫਲਤਾ ਆਪਣੇ ਮਨ ਦੀ ਭਾਵਨਾ ਕਰਕੇ ਹੁੰਦੀ ਹੈ (ਭਾਵ ਜਿਹੀ ਮਨ ਦੀ ਭਾਵਨਾ ਤੇਹੀ ਮੁਰਾਦ ਮਿਲਦੀ ਹੈ)।
13832	300	ਸਤਿਗੁਰ ਵਿਚਿ ਅੰਮ੍ਰਿਤੁ ਹੈ ਹਰਿ ਉਤਮੁ ਹਰਿ ਪਦੁ ਸੋਇ॥	ਪਦੁ: ਪੋਲਾ ਬੋਲੋ	Sathigur Vich Anmrith Hai Har Outham Har Padh Soe ||	The Ambrosial Nectar is within the True Guru; He is exalted and sublime, of Godly status.	ਸਤਿਗੁਰੂ ਦੇ ਕੋਲ ਹਰੀ ਦੇ ਸ੍ਰੇਸ਼ਟ ਨਾਮ ਦਾ ਅੰਮ੍ਰਿਤ ਹੈ, (???)

13833	300	ਨਾਨਕ ਕਿਰਪਾ ਤੇ ਹਰਿ ਧਿਆਈਐ ਗੁਰਮੁਖਿ ਪਾਵੈ ਕੋਇ॥੧॥		Naanak Kirapaa Thae Har Dhhiaaeeai Guramukh Paavai Koe ||1||	O Nanak, by His Grace, one meditates on the Lord; the Gurmukhs obtain Him. ||1||	(ਪਰ) ਹੇ ਨਾਨਕ! ਇਹੀ ਹਰੀ-ਨਾਮ ਜੀਵ (ਪ੍ਰਭੂ ਦੀ) ਕਿਰਪਾ ਨਾਲ ਸਿਮਰਦਾ ਹੈ, ਸਤਿਗੁਰੂ ਦੇ ਸਨਮੁਖ ਹੋ ਕੇ ਕੋਈ (ਭਾਗਾਂ ਵਾਲਾ) ਹਾਸਲ ਕਰ ਸਕਦਾ ਹੈ ॥੧॥
13834	300	ਮਃ ੪॥		Ma 4 ||	Fourth Mehl:	
13835	300	ਹਉਮੈ ਮਾਇਆ ਸਭ ਬਿਖੁ ਹੈ ਨਿਤ ਜਗਿ ਤੋਟਾ ਸੰਸਾਰਿ॥	ਜੱਗਿ	Houmai Maaeiaa Sabh Bikh Hai Nith Jag Thottaa Sansaar ||	Egotism and Maya are total poison; in these, people continually suffer loss in this world.	ਮਾਇਆ ਤੋਂ ਉਪਜੀ ਹੋਈ ਹਉਮੈ ਨਿਰੋਲ ਜ਼ਹਿਰ (ਦਾ ਕੰਮ ਕਰਦੀ) ਹੈ, ਇਸ ਦੇ ਪਿਛੇ ਲੱਗਿਆਂ ਸਦਾ ਜਗਤ ਵਿਚ ਘਾਟਾ ਹੈ।
13836	300	ਲਾਹਾ ਹਰਿ ਧਨੁ ਖਟਿਆ ਗੁਰਮੁਖਿ ਸਬਦੁ ਵੀਚਾਰਿ॥	ਖੱਟਿਆ	Laahaa Har Dhhan Khattiaa Guramukh Sabadh Veechaar ||	The Gurmukh earns the profit of the wealth of the Lord's Name, contemplating the Word of the Shabad.	ਪ੍ਰਭੂ ਦੇ ਨਾਮ ਧਨ ਦਾ ਲਾਹਾ ਸਤਿਗੁਰੂ ਦੇ ਸਨਮੁਖ ਰਹਿ ਕੇ ਸ਼ਬਦ ਦੀ ਵੀਚਾਰ ਦੁਆਰਾ ਖੱਟਿਆ (ਜਾ ਸਕਦਾ ਹੈ),
13837	300	ਹਉਮੈ ਮੈਲੁ ਬਿਖੁ ਉਤਰੈ ਹਰਿ ਅੰਮ੍ਰਿਤੁ ਹਰਿ ਉਰ ਧਾਰਿ॥		Houmai Mail Bikh Outharai Har Anmrith Har Our Dhhaar ||	The poisonous filth of egotism is removed, when one enshrines the Ambrosial Name of the Lord within the heart.	ਤੇ ਹਉਮੈ-ਮੈਲ (ਰੂਪ) ਜ਼ਹਿਰ ਪ੍ਰਭੂ ਦਾ ਅੰਮ੍ਰਿਤ ਨਾਮ ਹਿਰਦੇ ਵਿਚ ਧਾਰਨ ਕੀਤਿਆਂ ਉਤਰ ਜਾਂਦੀ ਹੈ।

13838	301	ਸਭਿ ਕਾਰਜ ਤਿਨ ਕੇ ਸਿਧਿ ਹਹਿ ਜਿਨ ਗੁਰਮੁਖਿ ਕਿਰਪਾ ਧਾਰਿ॥	ਸਿੱਧਿ	Sabh Kaaraj Thin Kae Sidhh Hehi Jin Guramukh Kirapaa Dhhaar ||	All the Gurmukh's affairs are brought to perfect completion; the Lord has showered him with His Mercy.	(ਇਹ ਨਾਮ ਦੀ ਦਾਤਿ ਪ੍ਰਭੂ ਦੇ ਹੱਥ ਹੈ), ਜਿਨ੍ਹਾਂ ਗੁਰਮੁਖਾਂ ਤੇ ਉਹ ਕਿਰਪਾ ਕਰਦਾ ਹੈ, ਉਹਨਾਂ ਦੇ ਸਾਰੇ ਕੰਮ ਸਫਲ ਹੋ ਜਾਂਦੇ ਹਨ। (ਉਹਨਾਂ ਨੂੰ ਮਨੁੱਖਾ ਜਨਮ ਦੇ ਅਸਲ ਵਣਜ ਵਿਚ ਘਾਟਾ ਨਹੀਂ ਪੈਂਦਾ),
13839	301	ਨਾਨਕ ਜੋ ਧੁਰਿ ਮਿਲੇ ਸੇ ਮਿਲਿ ਰਹੇ ਹਰਿ ਮੇਲੇ ਸਿਰਜਣਹਾਰਿ॥੨॥		Naanak Jo Dhhur Milae Sae Mil Rehae Har Maelae Sirajanehaar ||2||	O Nanak, one who meets the Primal Lord remains blended with the Lord, the Creator Lord. ||2||	(ਪਰ) ਹੇ ਨਾਨਕ! ਪ੍ਰਭੂ ਨੂੰ ਉਹੀ ਮਿਲੇ ਹਨ; ਜੋ ਦਰਗਾਹ ਤੋਂ ਮਿਲੇ ਹਨ, ਤੇ ਜਿਨ੍ਹਾਂ ਨੂੰ ਸਿਰਜਣਹਾਰ ਹਰੀ ਨੇ ਆਪ ਮੇਲਿਆ ਹੈ ॥੨॥
13840	301	ਪਉੜੀ॥		Pourree ||	Pauree:	
13841	301	ਤੂ ਸਚਾ ਸਾਹਿਬੁ ਸਚੁ ਹੈ ਸਚੁ ਸਚਾ ਗੋਸਾਈ॥	ਹੈਂ	Thoo Sachaa Saahib Sach Hai Sach Sachaa Gosaaee ||	You are True, O True Lord and Master. You are the Truest of the True, O Lord of the World.	ਹੇ ਪ੍ਰਭੂ! ਤੂੰ ਸਦਾ-ਥਿਰ ਰਹਿਣ ਵਾਲਾ ਮਾਲਕ ਹੈਂ ਤੇ ਪ੍ਰਿਥਵੀ ਦਾ ਸੱਚਾ ਸਾਈਂ ਹੈਂ,
13842	301	ਤੁਧੁਨੋ ਸਭ ਧਿਆਇਦੀ ਸਭ ਲਗੈ ਤੇਰੀ ਪਾਈ॥	ਲੱਗੈ	Thudhhuno Sabh Dhhiaaeidhee Sabh Lagai Thaeree Paaee ||	Everyone meditates on You; everyone falls at Your Feet.	ਸਾਰੀ ਸ੍ਰਿਸ਼ਟੀ ਤੇਰਾ ਧਿਆਨ ਹੈ ਤੇ ਸਭ ਜੀਅ-ਜੰਤ ਤੇਰੇ ਅਗੇ ਸਿਰ ਨਿਵਾਉਂਦੇ ਹਨ।

13843	301	ਤੇਰੀ ਸਿਫਤਿ ਸੁਆਲਿਉ ਸਰੂਪ ਹੈ ਜਿਨਿ ਕੀਤੀ ਤਿਸੁ ਪਾਰਿ ਲਘਾਈ॥	(ਸੁਆਲਿਉ) ਸੁੰਦਰ	Thaeree Sifath Suaalio Saroop Hai Jin Keethee This Paar Laghaaee ||	Your Praises are graceful and beautiful; You save those who speak them.	ਤੇਰੀ ਸਿਫ਼ਤਿ-ਸਾਲਾਹ ਕਰਨੀ ਇਕ ਸੋਹਣੀ ਸੁੰਦਰ ਕਾਰ ਹੈ। ਜਿਸ ਨੇ ਕੀਤੀ ਹੈ, ਉਸ ਨੂੰ (ਸੰਸਾਰ-ਸਾਗਰ ਤੋਂ) ਪਾਰ ਉਤਾਰਦੀ ਹੈ।
13844	301	ਗੁਰਮੁਖਾ ਨੋ ਫਲੁ ਪਾਇਦਾ ਸਚਿ ਨਾਮਿ ਸਮਾਈ॥		Guramukhaa No Fal Paaeidhaa Sach Naam Samaaee ||	You reward the Gurmukhs, who are absorbed in the True Name.	ਹੇ ਪ੍ਰਭੂ! ਜੋ ਜੀਵ ਸਤਿਗੁਰੂ ਦੇ ਸਨਮੁਖ ਰਹਿੰਦੇ ਹਨ; ਤੂੰ ਉਹਨਾਂ ਦੀ ਘਾਲ (ਸਿਫ਼ਤਿ-ਸਾਲਾਹ ਕਰਨ ਦੀ ਘਾਲ) ਸਫਲ ਕਰਦਾ ਹੈਂ, ਤੇਰੇ ਸੱਚੇ ਨਾਮ ਵਿਚ ਉਹ ਲੀਨ ਹੋ ਜਾਂਦੇ ਹਨ।
13845	301	ਵਡੇ ਮੇਰੇ ਸਾਹਿਬਾ ਵਡੀ ਤੇਰੀ ਵਡਿਆਈ॥੧॥		Vaddae Maerae Saahibaa Vaddee Thaeree Vaddiaaee ||1||	O my Great Lord and Master, great is Your glorious greatness. ||1||	ਹੇ ਮੇਰੇ ਮਾਲਿਕ (ਪ੍ਰਭੂ! ਜਿਹਾ) ਤੂੰ ਆਪ ਹੈਂ (ਤਿਹੀ) ਤੇਰੀ ਵਡਿਆਈ (ਭੀ) ਵੱਡੀ (ਭਾਵ, ਵੱਡੇ ਗੁਣ ਪੈਦਾ ਕਰਨ ਵਾਲੀ) ਹੈ ॥੧॥
13846	301	ਸਲੋਕ ਮਃ ੪॥		Salok Ma 4 ||	Shalok, Fourth Mehl:	
13847	301	ਵਿਣੁ ਨਾਵੈ ਹੋਰੁ ਸਲਾਹਣਾ ਸਭੁ ਬੋਲਣੁ ਫਿਕਾ ਸਾਦੁ॥		Vin Naavai Hor Salaahanaa Sabh Bolan Fikaa Saadh ||	Without the Name, all other praise and speech is insipid and tasteless.	ਹਰੀ ਦੇ ਨਾਮ ਤੋਂ ਬਿਨਾ ਕਿਸੇ ਹੋਰ ਦੀ ਵਡਿਆਈ ਕਰਨੀ-ਇਹ ਬੋਲਣ ਦਾ ਸਾਰਾ (ਉੱਦਮ) ਬੇ-ਸੁਆਦਾ ਕੰਮ ਹੈ (ਭਾਵ, ਇਸ ਵਿਚ ਅਸਲੀ ਅਨੰਦ ਨਹੀਂ ਹੈ)।

13848	301	ਮਨਮੁਖ ਅਹੰਕਾਰੁ ਸਲਾਹਦੇ ਹਉਮੈ ਮਮਤਾ ਵਾਦੁ॥	(ਵਾਦੁ) ਝਗੜਾ। ਅਹੰ-ਕਾਰੁ	Manamukh Ahankaar Salaahadhae Houmai Mamathaa Vaadh ||	The self-willed manmukhs praise their own egos; their attachment to egotism is useless.	ਮਨਮੁਖ ਜੀਵ ਅਹੰਕਾਰ ਹਉਮੈ ਤੇ ਅਪਣੱਤ ਦੀਆਂ ਗੱਲਾਂ ਨੂੰ ਪਸੰਦ ਕਰਦੇ ਹਨ ਭਾਵ ਇਹਨਾਂ ਦੇ ਅਧਾਰ ਤੇ ਕਿਸੇ ਮਨੁੱਖ ਦੀ ਨਿੰਦਾ ਕਰਦੇ ਹਨ।
13849	301	ਜਿਨ ਸਾਲਾਹਨਿ ਸੇ ਮਰਹਿ ਖਪਿ ਜਾਵੈ ਸਭੁ ਅਪਵਾਦੁ॥	(ਅਪ-ਵਾਦੁ)ਖੋਟੇ ਝਗੜੇ। ਸਾ-ਲਾ-ਹਨਿ	Jin Saalaahan Sae Marehi Khap Jaavai Sabh Apavaadh ||	Those whom they praise, die; they all waste away in conflict.	ਉਹ ਜਿਨ੍ਹਾਂ ਦੀ ਸਿਫ਼ਤ ਕਰਦੇ ਹਨ, ਉਹ ਖਪ ਕੇ ਮਰ ਜਾਂਦੇ ਹਨ ਇਹਨਾਂ ਦਾ ਸਾਰਾ ਝਗੜਾ (ਭਾਵ, ਉਸਤਤਿ ਨਿੰਦਾ ਦੀਆਂ ਗੱਲਾਂ ਦਾ ਸਿਲਸਿਲਾ) ਵਿਅਰਥ ਜਾਂਦਾ ਹੈ।
13850	301	ਜਨ ਨਾਨਕ ਗੁਰਮੁਖਿ ਉਬਰੇ ਜਪਿ ਹਰਿ ਹਰਿ ਪਰਮਾਨਾਦੁ॥੧॥	(ਪਰਮਾ-ਨਾਦੁ) ਆਦਿ ਰਹਿਤ (ਪਰਮ) ਵੱਡੇ ਬ੍ਰਹਮ ਜੀ। ਪਰਮ ਉਪਦੇਸ਼	Jan Naanak Guramukh Oubarae Jap Har Har Paramaanaadh ||1||	O servant Nanak, the Gurmukhs are saved, chanting the Name of the Lord, Har, Har, the Embodiment of Supreme Bliss. ||1||	ਹੇ ਨਾਨਕ! ਸਤਿਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਪੂਰਨ ਅਨੰਦ ਸਰੂਪ ਪ੍ਰਭੂ ਦਾ ਸਿਮਰਨ ਕਰ ਕੇ (ਦੂਜੇ ਮਨੁੱਖਾਂ ਦੀ ਉਸਤਤਿ ਨਿੰਦਾ ਦੇ ਚਸਕੇ ਤੋਂ) ਬਚ ਨਿਕਲਦੇ ਹਨ ॥੧॥
13851	301	ਮਃ ੪॥		Ma 4 ||	Fourth Mehl:	
13852	301	ਸਤਿਗੁਰ ਹਰਿ ਪ੍ਰਭੁ ਦਸਿ ਨਾਮੁ ਧਿਆਈ ਮਨਿ ਹਰੀ॥	ਦੱਸਿ	Sathigur Har Prabh Dhas Naam Dhhiaaee Man Haree ||	O True Guru, tell me of my Lord God, that I may meditate on the Naam within my mind.	ਹੇ ਸਤਿਗੁਰੂ! ਮੈਨੂੰ ਪ੍ਰਭੂ ਦੀਆਂ ਗੱਲਾਂ ਸੁਣਾ (ਜਿਸ ਕਰਕੇ) ਮੈਂ ਹਿਰਦੇ ਵਿਚ ਪ੍ਰਭੂ ਦਾ ਨਾਮ ਸਿਮਰ ਸਕਾਂ।

13853	301	ਨਾਨਕ ਨਾਮੁ ਪਵਿਤੁ ਹਰਿ ਮੁਖਿ ਬੋਲੀ ਸਭਿ ਦੁਖ ਪਰਹਰੀ॥੨॥		Naanak Naam Pavith Har Mukh Bolee Sabh Dhukh Pareharee ||2||	O Nanak , the Lord's Name is sacred and pure; chanting it, all my pain has been taken away. ||2||	ਹੇ ਨਾਨਕ! ਪ੍ਰਭੂ ਦਾ ਨਾਮ ਪਵਿੱਤ੍ਰ ਹੈ (ਇਸ ਕਰਕੇ ਮਨ ਲੋਚਦਾ ਹੈ ਕਿ ਮੈਂ ਭੀ) ਮੂੰਹੋਂ ਉਚਾਰਨ ਕਰ ਕੇ (ਆਪਣੇ) ਸਾਰੇ ਦੁੱਖ ਦੂਰ ਕਰ ਲਵਾਂ ॥੨॥
13854	301	ਪਉੜੀ॥		Pourree ||	Pauree:	
13855	301	ਤੂ ਆਪੇ ਆਪਿ ਨਿਰੰਕਾਰੁ ਹੈ ਨਿਰੰਜਨ ਹਰਿ ਰਾਇਆ॥	ਹੈਂ	Thoo Aapae Aap Nirankaar Hai Niranjan Har Raaeiaa ||	You Yourself are the Formless Lord, the Immaculate Lord, our Sovereign King.	ਹੇ ਚਾਨਣਾ ਬਖ਼ਸ਼ਣ ਵਾਲੇ ਮਾਇਆ ਤੋਂ ਰਹਿਤ ਪ੍ਰਭੂ! ਤੂੰ ਆਪ ਹੀ ਆਪ ਨਿਰੰਕਾਰ ਹੈਂ।
13856	301	ਜਿਨੀ ਤੂ ਇਕ ਮਨਿ ਸਚੁ ਧਿਆਇਆ ਤਿਨ ਕਾ ਸਭੁ ਦੁਖੁ ਗਵਾਇਆ॥		Jinee Thoo Eik Man Sach Dhhiaaeiaa Thin Kaa Sabh Dhukh Gavaaeiaa ||	Those who meditate on You, O True Lord with one-pointed mind, are rid of all their pain.	ਹੇ ਸੱਚੇ (ਸਾਈਂ)! ਜਿਨ੍ਹਾਂ ਨੇ ਇਕਾਗਰ ਹੋ ਕੇ ਤੇਰਾ ਸਿਮਰਨ ਕੀਤਾ ਹੈ, ਉਹਨਾਂ ਦਾ ਤੂੰ ਸਭ ਦੁੱਖ ਦੂਰ ਕਰ ਦਿੱਤਾ ਹੈ।
13857	301	ਤੇਰਾ ਸਰੀਕੁ ਕੋ ਨਾਹੀ ਜਿਸ ਨੋ ਲਵੈ ਲਾਇ ਸੁਣਾਇਆ॥		Thaeraa Sareek Ko Naahee Jis No Lavai Laae Sunaaeiaa ||	You have no equal, next to whom I might sit and speak of You.	(ਸੰਸਾਰ ਵਿਚ) ਤੇਰਾ ਸ਼ਰੀਕ ਕੋਈ ਨਹੀਂ ਜਿਸ ਨੂੰ ਬਰਾਬਰੀ ਦੇ ਕੇ (ਤੇਰੇ ਵਰਗਾ) ਆਖੀਏ।

13858	301	ਤੁਧੁ ਜੇਵਡੁ ਦਾਤਾ ਤੂਹੈ ਨਿਰੰਜਨਾ ਤੂਹੈ ਸਚੁ ਮੇਰੈ ਮਨਿ ਭਾਇਆ॥	(ਨਿਰੰਜਨਾ) ਮਾਇਆ ਰਹਿਤ	Thudhh Jaevadd Dhaathaa Thoohai Niranjanaa Thoohai Sach Maerai Man Bhaaeiaa ||	You are the only Giver as great as Yourself. You are Immaculate; O True Lord, you are pleasing to my mind.	ਹੇ ਮਾਇਆ ਤੋਂ ਰਹਿਤ ਸੱਚੇ ਹਰੀ! ਤੇਰੇ ਜੇਡਾ ਤੂੰ ਆਪ ਹੀ ਦਾਤਾ ਹੈਂ, ਤੂੰ ਹੀ ਮੇਰੇ ਮਨ ਵਿਚ ਪਿਆਰਾ ਲੱਗਦਾ ਹੈਂ।
13859	301	ਸਚੇ ਮੇਰੇ ਸਾਹਿਬਾ ਸਚੇ ਸਚੁ ਨਾਇਆ॥੨॥	(ਨਾਇਆ) ਵਡਿਆਈ	Sachae Maerae Saahibaa Sachae Sach Naaeiaa ||2||	O my True Lord and Master, Your Name is the Truest of the True. ||2||	ਹੇ ਮੇਰੇ ਸੱਚੇ ਸਾਹਿਬ! ਤੇਰੀ ਵਡਿਆਈ ਸਦਾ ਕਾਇਮ ਰਹਿਣ ਵਾਲੀ ਹੈ ॥੨॥
13860	301	ਸਲੋਕ ਮਃ ੪॥		Salok Ma 4 ||	Shalok, Fourth Mehl:	
13861	301	ਮਨ ਅੰਤਰਿ ਹਉਮੈ ਰੋਗੁ ਹੈ ਭ੍ਰਮਿ ਭੂਲੇ ਮਨਮੁਖ ਦੁਰਜਨਾ॥	(ਦੁਰਜਨਾ) ਖੋਟੇ ਬੰਦੇ	Man Anthar Houmai Rog Hai Bhram Bhoolae Manamukh Dhurajanaa ||	Deep within the mind is the disease of ego; the self-willed manmukhs, the evil beings, are deluded by doubt.	ਜਿਨ੍ਹਾਂ ਦੇ ਮਨ ਵਿਚ ਹਉਮੈ ਦਾ ਰੋਗ ਹੈ, ਉਹ ਮਨ-ਦੇ-ਮੁਰੀਦ ਵਿਕਾਰੀ ਬੰਦੇ ਭਰਮ ਵਿਚ ਭੁੱਲੇ ਹੋਏ ਹਨ।
13862	301	ਨਾਨਕ ਰੋਗੁ ਗਵਾਇ ਮਿਲਿ ਸਤਿਗੁਰ ਸਾਧੂ ਸਜਨਾ॥੧॥	ਸੱਜਨਾ	Naanak Rog Gavaae Mil Sathigur Saadhhoo Sajanaa ||1||	O Nanak, this disease is eradicated, only when one meets the True Guru, our Holy Friend. ||1||	ਹੇ ਨਾਨਕ! ਇਹ ਹਉਮੈ ਦਾ ਰੋਗ ਸਤਿਗੁਰੂ ਨੂੰ ਮਿਲ ਕੇ ਤੇ ਸਤਸੰਗ ਵਿਚ ਰਹਿ ਕੇ ਦੂਰ ਕਰ ॥੧॥
13863	301	ਮਃ ੪॥		Ma 4 ||	Fourth Mehl:	

13864	301	ਮਨੁ ਤਨੁ ਰਤਾ ਰੰਗ ਸਿਉ ਗੁਰਮੁਖਿ ਹਰਿ ਗੁਣਤਾਸੁ॥	(ਗੁਣਤਾਸੁ) ਗੁਣਾਂ ਦਾ ਖਜ਼ਾਨਾ	Man Than Rathaa Rang Sio Guramukh Har Gunathaas ||	The mind and body of the Gurmukh are imbued with the Love of the Lord, the Treasure of Virtue.	ਸਤਿਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਾ ਮਨ ਤੇ ਸਰੀਰ ਗੁਣ-ਨਿਧਾਨ ਹਰੀ ਦੇ ਪ੍ਰੇਮ ਨਾਲ ਰੰਗਿਆ ਰਹਿੰਦਾ ਹੈ।
13865	301	ਜਨ ਨਾਨਕ ਹਰਿ ਸਰਣਾਗਤੀ ਹਰਿ ਮੇਲੇ ਗੁਰ ਸਾਬਾਸਿ॥੨॥	ਸਰਣਾਗਤੀ	Jan Naanak Har Saranaagathee Har Maelae Gur Saabaas ||2||	Servant Nanak has taken to the Sanctuary of the Lord. Hail to the Guru, who has united me with the Lord. ||2||	ਹੇ ਨਾਨਕ! ਜਿਸ ਜਨ ਨੂੰ ਸਤਿਗੁਰੂ ਦੀ ਥਾਪਣਾ ਮਿਲਦੀ ਹੈ, ਪ੍ਰਭੂ ਦੀ ਸ਼ਰਣੀ ਪਏ ਉਸ ਮਨੁੱਖ ਨੂੰ ਪ੍ਰਭੂ (ਆਪਣੇ ਨਾਲ) ਮੇਲ ਲੈਂਦਾ ਹੈ ॥੨॥
13866	301	ਪਉੜੀ॥		Pourree ||	Pauree:	
13867	301	ਤੂ ਕਰਤਾ ਪੁਰਖੁ ਅਗੰਮੁ ਹੈ ਕਿਸੁ ਨਾਲਿ ਤੂ ਵੜੀਐ॥	(ਅਗੰਮੁ) ਪਹੁੰਚ ਤੋਂ ਪਰੇ। (ਵੜੀਐ) ਵਡਿਆਈਏ, ਤੁਲਨਾ ਕਰੀਏ। ਹੈਂ	Thoo Karathaa Purakh Aganm Hai Kis Naal Thoo Varreeai ||	You are the Personification of Creativity, the Inaccessible Lord. With whom should I compare You?	ਹੇ ਪ੍ਰਭੂ! ਤੂੰ (ਸਾਰੀ ਸ੍ਰਿਸ਼ਟੀ ਦਾ) ਰਚਨ ਵਾਲਾ ਹੈਂ, (ਸ੍ਰਿਸ਼ਟੀ ਵਿਚ) ਵਿਆਪਕ ਹੈਂ (ਤੇ ਫੇਰ ਭੀ) ਪਹੁੰਚ ਤੋਂ ਪਰੇ ਹੈਂ। ਕਿਸੇ ਦੇ ਨਾਲ ਤੈਨੂੰ ਤੁਲਨਾ ਨਹੀਂ ਦੇ ਸਕੀਦੀ।
13868	301	ਤੁਧੁ ਜੇਵਡੁ ਹੋਇ ਸੁ ਆਖੀਐ ਤੁਧੁ ਜੇਹਾ ਤੂਹੈ ਪੜੀਐ॥	ਪੜੀਐ	Thudhh Jaevadd Hoe S Aakheeai Thudhh Jaehaa Thoohai Parreeai ||	If there was anyone else as great as You, I would name him; You alone are like Yourself.	ਕਿਸ ਦਾ ਨਾਮ ਲਈਏ? ਤੇਰੇ ਜੇਡਾ ਹੋਰ ਕੋਈ ਨਹੀਂ, ਤੈਨੂੰ ਹੀ ਤੇਰੇ ਜਿਹਾ ਆਖ ਸਕਦੇ ਹਾਂ।

13869	301	ਤੂ ਘਟਿ ਘਟਿ ਇਕੁ ਵਰਤਦਾ ਗੁਰਮੁਖਿ ਪਰਗੜੀਐ॥	(ਪਰ-ਗੜੀਐ) ਪ੍ਰਗਟ	Thoo Ghatt Ghatt Eik Varathadhaa Guramukh Paragarreeai ||	You are the One, permeating each and every heart; You are revealed to the Gurmukh.	(ਹੇ ਹਰੀ!) ਤੂੰ ਹਰ ਇਕ ਸਰੀਰ ਵਿਚ ਵਿਆਪਕ ਹੈਂ, (ਪਰ ਇਹ ਗੱਲ) ਉਹਨਾਂ ਤੇ ਪਰਗਟ (ਹੁੰਦੀ ਹੈ) ਜੋ ਸਤਿਗੁਰੂ ਦੇ ਸਨਮੁਖ (ਹੁੰਦੇ ਹਨ)।
13870	301	ਤੂ ਸਚਾ ਸਭਸ ਦਾ ਖਸਮੁ ਹੈ ਸਭ ਦੂ ਤੂ ਚੜੀਐ॥	(ਦੂ) ਤੋਂ। (ਚੜੀਐ) ਚੜ੍ਹਦੀਆਂ ਕਲਾਂ ਚ । ਹੈਂ	Thoo Sachaa Sabhas Dhaa Khasam Hai Sabh Dhoo Thoo Charreeai ||	You are the True Lord and Master of all; You are the Highest of all.	(ਹੇ ਪ੍ਰਭੂ!) ਤੂੰ ਸਦਾ-ਥਿਰ ਰਹਿਣ ਵਾਲਾ ਸਭ ਦਾ ਮਾਲਕ ਹੈਂ ਤੇ ਸਭ ਤੋਂ ਸੁੰਦਰ (ਸ੍ਰੇਸ਼ਟ) ਹੈਂ।
13871	301	ਤੂ ਕਰਹਿ ਸੁ ਸਚੇ ਹੋਇਸੀ ਤਾ ਕਾਇਤੁ ਕੜੀਐ॥੩॥	(ਕਾਇਤੁ) ਕਿਉਂ। (ਕੜੀਐ) ਦੁਖੀ ਹੋਈਏ	Thoo Karehi S Sachae Hoeisee Thaa Kaaeith Karreeai ||3||	Whatever You do, O True Lord - that is what happens, so why should we grieve? ||3||	ਹੇ ਸੱਚੇ (ਹਰੀ!) (ਜੇ ਸਾਨੂੰ ਇਹ ਨਿਸ਼ਚਾ ਹੋ ਜਾਏ ਕਿ) ਜੋ ਤੂੰ ਕਰਦਾ ਹੈਂ ਸੋਈ ਹੁੰਦਾ ਹੈ, ਤਾਂ ਅਸੀਂ ਕਿਉਂ ਝੂਰੀਏ? ॥੩॥
13872	301	ਸਲੋਕ ਮਃ ੪॥		Salok Ma 4 ||	Shalok, Fourth Mehl:	
13873	301	ਮੈ ਮਨਿ ਤਨਿ ਪ੍ਰੇਮੁ ਪਿਰੰਮ ਕਾ ਅਠੇ ਪਹਰ ਲਗੰਨਿ॥	(ਪਿਰੰਮ) ਪਿਆਰੇ	Mai Man Than Praem Piranm Kaa Athae Pehar Lagann ||	My mind and body are imbued with the Love of my Beloved, twenty-four hours a day.	(ਮਨ ਲੋਚਦਾ ਹੈ ਕਿ) ਅੱਠੇ ਪਹਿਰ ਲੱਗ ਜਾਣ (ਭਾਵ, ਗੁਜ਼ਰ ਜਾਣ) (ਪਰ) ਮੇਰੇ ਹਿਰਦੇ ਤੇ ਸਰੀਰ ਵਿਚ ਪਿਆਰੇ ਦਾ ਪਿਆਰ (ਲੱਗਾ ਰਹੇ, ਭਾਵ, ਨਾ ਮੁੱਕੇ)

13874	301	ਜਨ ਨਾਨਕ ਕਿਰਪਾ ਧਾਰਿ ਪ੍ਰਭ ਸਤਿਗੁਰ ਸੁਖਿ ਵਸੰਨਿ॥੧॥		Jan Naanak Kirapaa Dhhaar Prabh Sathigur Sukh Vasann ||1||	Shower Your Mercy upon servant Nanak, O God, that he may dwell in peace with the True Guru. ||1||	(ਕਿਉਂਕਿ) ਹੇ ਨਾਨਕ! (ਜਿਨ੍ਹਾਂ) ਮਨੁੱਖਾਂ ਤੇ ਹਰੀ (ਇਹੋ ਜਿਹੀ) ਕਿਰਪਾ ਕਰਦਾ ਹੈ ਉਹ ਸਤਿਗੁਰੂ ਦੇ (ਬਖ਼ਸ਼ੇ ਹੋਏ) ਸੁਖ ਵਿਚ (ਸਦਾ) ਵੱਸਦੇ ਹਨ ॥੧॥
13875	301	ਮਃ ੪॥		Ma 4 ||	Fourth Mehl:	
13876	301	ਜਿਨ ਅੰਦਰਿ ਪ੍ਰੀਤਿ ਪਿਰੰਮ ਕੀ ਜਿਉ ਬੋਲਨਿ ਤਿਵੈ ਸੋਹੰਨਿ॥	(ਸੋਹੰਨਿ) ਸੋਭਦੇ	Jin Andhar Preeth Piranm Kee Jio Bolan Thivai Sohann ||	Those whose inner beings are filled with the Love of their Beloved, look beautiful as they speak.	ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ ਦਾ ਪਿਆਰ ਹੈ, ਉਹ ਜਿਵੇਂ ਬੋਲਦੇ ਹਨ, ਤਿਵੇਂ ਹੀ ਸੋਭਦੇ ਹਨ (ਭਾਵ, ਉਹਨਾਂ ਦਾ ਬੋਲਿਆ ਮਿੱਠਾ ਲੱਗਦਾ ਹੈ) (ਇਹ ਇਕ ਅਚਰਜ ਕੌਤਕ ਹੈ)।
13877	301	ਨਾਨਕ ਹਰਿ ਆਪੇ ਜਾਣਦਾ ਜਿਨਿ ਲਾਈ ਪ੍ਰੀਤਿ ਪਿਰੰਨਿ॥੨॥	(ਪਿਰੰਨਿ) ਪਿਆਰੇ ਨੇ	Naanak Har Aapae Jaanadhaa Jin Laaee Preeth Pirann ||2||	O Nanak, the Lord Himself knows all; the Beloved Lord has infused His Love. ||2||	ਹੇ ਨਾਨਕ! (ਇਸ ਭੇਤ ਦੀ ਜੀਵ ਨੂੰ ਸਾਰ ਨਹੀਂ ਆ ਸਕਦੀ) ਜਿਸ ਪਿਰ (ਪ੍ਰਭੂ) ਨੇ ਇਹ ਪਿਆਰ ਲਾਇਆ ਹੈ, ਉਹ ਆਪੇ ਹੀ ਜਾਣਦਾ ਹੈ ॥੨॥
13878	301	ਪਉੜੀ॥		Pourree ||	Pauree:	
13879	301	ਤੂ ਕਰਤਾ ਆਪਿ ਅਭੁਲੁ ਹੈ ਭੁਲਣ ਵਿਚਿ ਨਾਹੀ॥	ਅ-ਭੁੱਲੁ। ਹੈਂ। ਭੁੱਲਣ	Thoo Karathaa Aap Abhul Hai Bhulan Vich Naahee ||	O Creator Lord, You Yourself are infallible; You never make mistakes.	ਹੇ (ਸ੍ਰਿਸ਼ਟੀ ਦੇ) ਰਚਨਹਾਰ! ਤੂੰ ਆਪ ਅਭੁੱਲ ਹੈਂ, ਭੁੱਲਣ ਵਿਚ ਨਹੀਂ ਆਉਂਦਾ।

13880	301	ਤੂ ਕਰਹਿ ਸੁ ਸਚੇ ਭਲਾ ਹੈ ਗੁਰ ਸਬਦਿ ਬੁਝਾਹੀ॥	ਬੁੱਝਾਹੀ	Thoo Karehi S Sachae Bhalaa Hai Gur Sabadh Bujhaahee ||	Whatever You do is good, O True Lord; this understanding is obtained through the Word of the Guru's Shabad.	ਹੇ ਸੱਚੇ! ਸਤਿਗੁਰੂ ਦੇ ਸ਼ਬਦ ਰਾਹੀਂ ਤੂੰ ਇਹ ਸਮਝਾਉਂਦਾ ਹੈਂ ਕਿ ਜੋ ਤੂੰ ਕਰਦਾ ਹੈਂ ਸੋ ਚੰਗਾ ਕਰਦਾ ਹੈਂ।
13881	301	ਤੂ ਕਰਣ ਕਾਰਣ ਸਮਰਥੁ ਹੈ ਦੂਜਾ ਕੋ ਨਾਹੀ॥	ਸਮਰੱਥੁਹੈਂ	Thoo Karan Kaaran Samarathh Hai Dhoojaa Ko Naahee ||	You are the Cause of causes, the All-powerful Lord; there is no other at all.	ਹੇ ਹਰੀ! ਤੇਰਾ ਕੋਈ ਸ਼ਰੀਕ ਨਹੀਂ ਤੇ ਸ੍ਰਿਸ਼ਟੀ ਦੇ ਇਸ ਸਾਰੇ ਪਰਪੰਚ ਦਾ ਮੂਲ ਤੂੰ ਆਪੇ ਹੀ ਹੈਂ ਤੇ ਸਮਰੱਥਾ ਵਾਲਾ ਹੈਂ।
13882	301	ਤੂ ਸਾਹਿਬੁ ਅਗਮੁ ਦਇਆਲੁ ਹੈ ਸਭਿ ਤੁਧੁ ਧਿਆਹੀ॥	ਦਇਆਲੁ। ਹੈਂ	Thoo Saahib Agam Dhaeiaal Hai Sabh Thudhh Dhhiaahee ||	O Lord and Master, You are inaccessible and merciful. Everyone meditates on You.	ਤੂੰ ਦਇਆ ਕਰਨ ਵਾਲਾ ਮਾਲਕ ਹੈਂ (ਪਰ) ਤੇਰੇ ਤਾਈਂ ਪਹੁੰਚ ਨਹੀਂ ਹੋ ਸਕਦੀ; ਸਭ ਜੀਵ ਜੰਤ ਤੈਨੂੰ ਸਿਮਰਦੇ ਹਨ।
13883	302	ਸਭਿ ਜੀਅ ਤੇਰੇ ਤੂ ਸਭ ਸਦਾ ਤੂ ਸਭ ਛਡਾਹੀ॥੪॥		Sabh Jeea Thaerae Thoo Sabhas Dhaa Thoo Sabh Shhaddaahee ||4||	All beings are Yours; You belong to all. You deliver all. ||4||	ਸਭ ਜੀਵ ਤੇਰੇ (ਰਚੇ ਹੋਏ) ਹਨ, ਤੂੰ ਸਭਨਾਂ ਦਾ (ਮਾਲਕ) ਹੈਂ, ਤੂੰ ਸਾਰਿਆਂ ਨੂੰ (ਦੁੱਖਾਂ ਤੇ ਝੋਰਿਆਂ ਤੋਂ) ਆਪ ਛਡਾਂਦਾ ਹੈਂ ॥੪॥
13884	302	ਸਲੋਕ ਮਃ ੪॥		Salok Ma 4 ||	Shalok, Fourth Mehl:	

13885	302	ਸੁਣਿ ਸਾਜਨ ਪ੍ਰੇਮ ਸੰਦੇਸਰਾ ਅਖੀ ਤਾਰ ਲਗੰਨਿ॥	(ਤਾਰ) ਬ੍ਰਿਤੀ। ਅੱਖੀਂ, ਲ-ਗੰਨਿ	Sun Saajan Praem Sandhaesaraa Akhee Thaar Lagann ||	Listen, O my Friend, to my message of love; my eyes are fixed upon You.	ਸੱਜਣ ਪ੍ਰਭੂ ਦਾ ਪਿਆਰ-ਭਰਿਆ ਸੁਨੇਹਾ ਸੁਣ ਕੇ (ਜਿਨ੍ਹਾਂ ਦੀਆਂ) ਅੱਖੀਆਂ ਤਾਰ ਵਿਚ (ਭਾਵ, ਦੀਦਾਰ ਦੀ ਤਾਂਘ ਵਿਚ) ਲੱਗ ਜਾਂਦੀਆਂ ਹਨ;
13886	302	ਗੁਰਿ ਤੁਠੈ ਸਜਣੁ ਮੇਲਿਆ ਜਨ ਨਾਨਕ ਸੁਖਿ ਸਵੰਨਿ॥੧॥	ਤੁੱਠੈ ਸੱਜਣੁ ਸ-ਵੰਨਿ	Gur Thuthai Sajan Maeliaa Jan Naanak Sukh Savann ||1||	The Guru was pleased - He united servant Nanak with his friend, and now he sleeps in peace. ||1||	ਹੇ ਨਾਨਕ! ਗੁਰੂ ਨੇ ਪ੍ਰਸੰਨ ਹੋ ਕੇ ਉਹਨਾਂ ਨੂੰ ਸੱਜਣ ਮਿਲਾਇਆ ਹੈ, ਤੇ ਉਹ ਸੁਖ ਵਿਚ ਟਿਕੇ ਰਹਿੰਦੇ ਹਨ ॥੧॥
13887	302	ਮਃ ੪॥		Ma 4 ||	Fourth Mehl:	
13888	302	ਸਤਿਗੁਰੁ ਦਾਤਾ ਦਇਆਲੁ ਹੈ ਜਿਸ ਨੋ ਦਇਆ ਸਦਾ ਹੋਇ॥	ਦ-ਇਆਲੁ। ਦ-ਇਆ	Sathigur Dhaathaa Dhaeiaal Hai Jis No Dhaeiaa Sadhaa Hoe ||	The True Guru is the Merciful Giver; He is always compassionate.	ਦਾਤਾਂ ਬਖ਼ਸ਼ਣ ਵਾਲਾ ਸਤਿਗੁਰੂ ਦਇਆ ਦਾ ਘਰ ਹੈ, ਉਸ ਦੇ (ਹਿਰਦੇ) ਵਿਚ ਸਦਾ ਦਇਆ (ਹੀ ਦਇਆ) ਹੈ।
13889	302	ਸਤਿਗੁਰੁ ਅੰਦਰਹੁ ਨਿਰਵੈਰੁ ਹੈ ਸਭੁ ਦੇਖੈ ਬ੍ਰਹਮੁ ਇਕੁ ਸੋਇ॥		Sathigur Andharahu Niravair Hai Sabh Dhaekhai Breham Eik Soe ||	The True Guru has no hatred within Him; He beholds the One God everywhere.	ਸਤਿਗੁਰੂ ਦੇ (ਹਿਰਦੇ) ਵਿਚ ਕਿਸੇ ਨਾਲ ਵੈਰ ਨਹੀਂ, ਉਹ ਸਭ ਥਾਈਂ ਇਕ ਪ੍ਰਭੂ ਨੂੰ ਵੇਖ ਰਿਹਾ ਹੈ (ਇਸ ਲਈ ਉਹ ਵੈਰ ਕਿਸ ਦੇ ਨਾਲ ਕਰੇ?

13890	302	ਨਿਰਵੈਰਾ ਨਾਲਿ ਜਿ ਵੈਰੁ ਚਲਾਇਦੇ ਤਿਨ ਵਿਚਹੁ ਤਿਸਟਿਆ ਨ ਕੋਇ॥	ਤਿਸ-ਟਿਆ:ਪੋਲਾ ਬੋਲੋ। (ਤਿਸਟਿਆ) ਟਿਕਿਆ	Niravairaa Naal J Vair Chalaaeidhae Thin Vichahu Thisattiaa N Koe ||	Anyone who directs hate against the One who has no hate, shall never be satisfied within.	ਪਰ ਕਈ ਮੂਰਖ ਮਨੁੱਖ ਨਿਰਵੈਰ ਗੁਰੂ ਨਾਲ ਭੀ ਵੈਰ ਕਰਨੋਂ ਨਹੀਂ ਮੁੜਦੇ) ਜੋ ਮਨੁੱਖ ਨਿਰਵੈਰਾਂ ਨਾਲ ਵੈਰ ਕਰਦੇ ਹਨ, ਉਹਨਾਂ ਵਿਚੋਂ ਸ਼ਾਂਤੀ ਕਦੀ ਕਿਸੇ ਦੇ ਹਿਰਦੇ ਵਿਚ ਨਹੀਂ ਆਈ (ਭਾਵ, ਉਹ ਸਦਾ ਦੁਖੀ ਰਹਿੰਦੇ ਹਨ;)
13891	302	ਸਤਿਗੁਰੁ ਸਭਨਾ ਦਾ ਭਲਾ ਮਨਾਇਦਾ ਤਿਸ ਦਾ ਬੁਰਾ ਕਿਉ ਹੋਇ॥		Sathigur Sabhanaa Dhaa Bhalaa Manaaeidhaa This Dhaa Buraa Kio Hoe ||	The True Guru wishes everyone well; how can anything bad happen to Him?	(ਤੇ) ਸਤਿਗੁਰੂ ਦਾ ਬੁਰਾ ਤਾਂ ਹੋ ਹੀ ਨਹੀਂ ਸਕਦਾ (ਕਿਉਂਕਿ) ਉਹ ਸਭਨਾਂ ਦਾ ਭਲਾ ਸੋਚਦਾ ਹੈ।
13892	302	ਸਤਿਗੁਰ ਨੋ ਜੇਹਾ ਕੋ ਇਛਦਾ ਤੇਹਾ ਫਲੁ ਪਾਏ ਕੋਇ॥	ਇੱਛਦਾ	Sathigur No Jaehaa Ko Eishhadhaa Thaehaa Fal Paaeae Koe ||	As one feels towards the True Guru, so are the rewards he receives.	ਜਿਸ ਭਾਵਨਾ ਨਾਲ ਕੋਈ ਜੀਵ ਸਤਿਗੁਰੂ ਪਾਸ ਜਾਂਦਾ ਹੈ, ਉਸ ਨੂੰ ਉਹੋ ਜਿਹਾ ਫਲ ਮਿਲ ਜਾਂਦਾ ਹੈ (ਜ਼ਾਹਰਦਾਰੀ ਸਫਲ ਨਹੀਂ ਹੋ ਸਕਦੀ);
13893	302	ਨਾਨਕ ਕਰਤਾ ਸਭੁ ਕਿਛੁ ਜਾਣਦਾ ਜਿਦੂ ਕਿਛੁ ਗੁਝਾ ਨ ਹੋਇ॥੨॥	ਜਿੱਦੂ। ਗੁੱਝਾ	Naanak Karathaa Sabh Kishh Jaanadhaa Jidhoo Kishh Gujhaa N Hoe ||2||	O Nanak, the Creator knows everything; nothing can be hidden from Him. ||2||	ਕਿਉਂਕਿ ਹੇ ਨਾਨਕ! ਰਚਨਹਾਰ ਪ੍ਰਭੂ ਪਾਸੋਂ ਕੋਈ ਗੱਲ ਲੁਕਾਈ ਨਹੀਂ ਜਾ ਸਕਦੀ, ਉਹ (ਅੰਦਰਲੀ ਬਾਹਰਲੀ) ਸਭ ਜਾਣਦਾ ਹੈ ॥੨॥

13894	302	ਪਉੜੀ॥		Pourree ||	Pauree:	
13895	302	ਜਿਸ ਨੋ ਸਾਹਿਬੁ ਵਡਾ ਕਰੇ ਸੋਈ ਵਡ ਜਾਣੀ॥		Jis No Saahib Vaddaa Karae Soee Vadd Jaanee ||	One who has been made great by his Lord and Master - know him to be great!	ਜਿਸ (ਜੀਵ-ਇਸਤ੍ਰੀ) ਨੂੰ ਮਾਲਕ-ਪ੍ਰਭੂ ਵਡਿਆਏ, ਉਹੀ (ਅਸਲ) ਵੱਡੀ ਸਮਝਣੀ ਚਾਹੀਦੀ ਹੈ।
13896	302	ਜਿਸੁ ਸਾਹਿਬ ਭਾਵੈ ਤਿਸੁ ਬਖਸਿ ਲਏ ਸੋ ਸਾਹਿਬ ਮਨਿ ਭਾਣੀ॥		Jis Saahib Bhaavai This Bakhas Leae So Saahib Man Bhaanee ||	By His Pleasure, the Lord and Master forgives those who are pleasing to His Mind.	ਜਿਸ ਨੂੰ ਚਾਹੇ ਪ੍ਰਭੂ ਮਾਲਕ ਬਖ਼ਸ਼ ਲੈਂਦਾ ਹੈ, ਤੇ ਉਹ ਸਾਹਿਬ ਦੇ ਮਨ ਵਿਚ ਪਿਆਰੀ ਲੱਗਦੀ ਹੈ।
13897	302	ਜੇ ਕੋ ਓਸ ਦੀ ਰੀਸ ਕਰੇ ਸੋ ਮੂੜ ਅਜਾਣੀ॥		Jae Ko Ous Dhee Rees Karae So Moorr Ajaanee ||	One who tries to compete with Him is a senseless fool.	ਉਹ (ਜੀਵ-ਇਸਤ੍ਰੀ) ਮੂਰਖ ਤੇ ਅੰਞਾਣ ਹੈ ਜੋ ਉਸ ਦੀ ਰੀਸ ਕਰਦੀ ਹੈ,
13898	302	ਜਿਸ ਨੋ ਸਤਿਗੁਰੁ ਮੇਲੇ ਸੁ ਗੁਣ ਰਵੈ ਗੁਣ ਆਖਿ ਵਖਾਣੀ॥		Jis No Sathigur Maelae S Gun Ravai Gun Aakh Vakhaanee ||	One who is united with the Lord by the True Guru, sings His Praises and speaks His Glories.	(ਕਿਉਂਕਿ ਰੀਸ ਕੀਤਿਆਂ ਕੁਝ ਹੱਥ ਨਹੀਂ ਆਉਂਦਾ, ਇਥੇ ਤਾਂ) ਜਿਸ ਨੂੰ ਸਤਿਗੁਰੂ ਮੇਲਦਾ ਹੈ (ਉਹੀ ਮਿਲਦੀ ਹੈ ਤੇ) (ਹਰੀ ਦੀ) ਸਿਫ਼ਤਿ-ਸਾਲਾਹ ਹੀ ਉਚਾਰਨ ਕਰ ਕੇ (ਹੋਰਨਾਂ ਨੂੰ ਸੁਣਾਉਂਦੀ ਹੈ।
13899	302	ਨਾਨਕ ਸਚਾ ਸਚੁ ਹੈ ਬੁਝਿ ਸਚਿ ਸਮਾਣੀ॥੫॥	ਬੁੱਝਿ	Naanak Sachaa Sach Hai Bujh Sach Samaanee ||5||	O Nanak, the True Lord is True; one who understands Him is absorbed in Truth. ||5||	ਹੇ ਨਾਨਕ! ਪ੍ਰਭੂ ਸਦਾ-ਥਿਰ ਰਹਿਣ ਵਾਲਾ ਹੈ, (ਇਸ ਗੱਲ ਨੂੰ ਚੰਗੀ ਤਰ੍ਹਾਂ) ਸਮਝ ਕੇ (ਉਹ ਜੀਵ-ਇਸਤ੍ਰੀ) ਸੱਚੇ ਪ੍ਰਭੂ ਵਿਚ ਲੀਨ ਹੋ ਜਾਂਦੀ ਹੈ ॥੫॥

13900	302	ਸਲੋਕ ਮਃ ੪॥		Salok Ma 4 ||	Shalok, Fourth Mehl:	
13901	302	ਹਰਿ ਸਤਿ ਨਿਰੰਜਨ ਅਮਰੁ ਹੈ ਨਿਰਭਉ ਨਿਰਵੈਰੁ ਨਿਰੰਕਾਰੁ॥		Har Sath Niranjan Amar Hai Nirabho Niravair Nirankaar ||	The Lord is true, immaculate and eternal; He has no fear, hatred or form.	ਪ੍ਰਭੂ ਸਚ-ਮੁਚ ਹੈ, ਮਾਇਆ ਤੋਂ ਨਿਰਲੇਪ ਹੈ, ਕਾਲ-ਰਹਿਤ ਨਿਰਭਉ ਨਿਰਵੈਰ ਤੇ ਆਕਾਰ-ਰਹਿਤ ਹੈ,
13902	302	ਜਿਨ ਜਪਿਆ ਇਕ ਮਨਿ ਇਕ ਚਿਤਿ ਤਿਨ ਲਥਾ ਹਉਮੈ ਭਾਰੁ॥	ਚਿੱਤਿ। ਲੱਥਾ	Jin Japiaa Eik Man Eik Chith Thin Lathhaa Houmai Bhaar ||	Those who chant and meditate on Him, who single-mindedly focus their consciousness on Him, are rid of the burden of their ego.	ਜਿਨ੍ਹਾਂ ਨੇ ਇਕਾਗਰ ਮਨ ਹੋ ਕੇ ਉਸ ਦਾ ਸਿਮਰਨ ਕੀਤਾ ਹੈ, ਉਹਨਾਂ ਦੇ ਮਨ ਤੋਂ ਹਉਮੈ ਦਾ ਬੋਝ ਲਹਿ ਗਿਆ ਹੈ।
13903	302	ਜਿਨ ਗੁਰਮੁਖਿ ਹਰਿ ਆਰਾਧਿਆ ਤਿਨ ਸੰਤ ਜਨਾ ਜੈਕਾਰੁ॥		Jin Guramukh Har Aaraadhhiaa Thin Santh Janaa Jaikaar ||	Those Gurmukhs who worship and adore the Lord - hail to those Saintly beings!	(ਪਰ) ਉਹਨਾਂ ਸੰਤ ਜਨਾਂ ਨੂੰ ਹੀ ਵਡਿਆਈ ਮਿਲਦੀ ਹੈ, ਜਿਨ੍ਹਾਂ ਨੇ ਗੁਰੂ ਦੇ ਸਨਮੁਖ ਹੋ ਕੇ ਸਿਮਰਨ ਕੀਤਾ ਹੈ।
13904	302	ਕੋਈ ਨਿੰਦਾ ਕਰੇ ਪੂਰੇ ਸਤਿਗੁਰੂ ਕੀ ਤਿਸਨੋ ਫਿਟੁ ਫਿਟੁ ਕਹੈ ਸਭੁ ਸੰਸਾਰੁ॥	ਫਿੱਟੁ	Koee Nindhaa Karae Poorae Sathiguroo Kee This No Fitt Fitt Kehai Sabh Sansaar ||	If someone slanders the Perfect True Guru, he will be rebuked and reproached by the whole world.	ਜੋ ਕੋਈ ਪੂਰੇ ਸਤਿਗੁਰੂ ਦੀ ਨਿੰਦਾ ਕਰਦਾ ਹੈ ਉਸ ਨੂੰ ਸਾਰਾ ਸੰਸਾਰ ਫਿਟਕਾਰਾਂ ਪਾਉਂਦਾ ਹੈ,

13905	302	ਸਤਿਗੁਰ ਵਿਚਿ ਆਪਿ ਵਰਤਦਾ ਹਰਿ ਆਪੇ ਰਖਣਹਾਰੁ॥	ਰੱਖਣਹਾਰੁ	Sathigur Vich Aap Varathadhaa Har Aapae Rakhanehaar ||	The Lord Himself abides within the True Guru; He Himself is His Protector.	(ਉਹ ਨਿੰਦਕ ਸਤਿਗੁਰੂ ਦਾ ਕੁਝ ਵਿਗਾੜ ਨਹੀਂ ਸਕਦਾ, ਕਿਉਂਕਿ) ਪ੍ਰਭੂ ਆਪ ਸਤਿਗੁਰ ਵਿਚ ਵੱਸਦਾ ਹੈ ਤੇ ਉਹ ਆਪ ਰੱਖਿਆ ਕਰਨ ਵਾਲਾ ਹੈ।
13906	302	ਧਨੁ ਧੰਨੁ ਗੁਰੂ ਗੁਣ ਗਾਵਦਾ ਤਿਸਨੋ ਸਦਾ ਸਦਾ ਨਮਸਕਾਰੁ॥		Dhhan Dhhann Guroo Gun Gaavadhaa This No Sadhaa Sadhaa Namasakaar ||	Blessed, Blessed is the Guru, who sings the Glories of God. Unto Him, I bow forever and ever in deepest reverence.	ਧੰਨ ਹੈ ਗੁਰੂ ਜੋ ਹਰੀ ਦੇ ਗੁਣ ਗਾਉਂਦਾ ਹੈ, ਉਸ ਦੇ ਅੱਗੇ ਸਦਾ ਸਿਰ ਨਿਵਾਉਣਾ ਚਾਹੀਦਾ ਹੈ।
13907	302	ਜਨ ਨਾਨਕ ਤਿਨ ਕਉ ਵਾਰਿਆ ਜਿਨਿ ਜਪਿਆ ਸਿਰਜਣਹਾਰੁ॥੧॥		Jan Naanak Thin Ko Vaariaa Jin Japiaa Sirajanehaar ||1||	Servant Nanak is a sacrifice to those who have meditated on the Creator Lord. ||1||	(ਆਖ) ਹੇ ਨਾਨਕ! ਮੈਂ ਸਦਕੇ ਹਾਂ, ਉਹਨਾਂ ਹਰੀ ਦੇ ਦਾਸਾਂ ਤੋਂ ਜਿਨ੍ਹਾਂ ਨੇ ਸਿਰਜਣਹਾਰ ਨੂੰ ਆਰਾਧਿਆ ਹੈ ॥੧॥
13908	302	ਮਃ ੪॥		Ma 4 ||	Fourth Mehl:	
13909	302	ਆਪੇ ਧਰਤੀ ਸਾਜੀਅਨੁ ਆਪੇ ਆਕਾਸੁ॥	ਸਾੱਜੀਅਨੁ	Aapae Dhharathee Saajeean Aapae Aakaas ||	He Himself made the earth; He Himself made the sky.	ਪ੍ਰਭੂ ਨੇ ਆਪ ਹੀ ਧਰਤੀ ਸਾਜੀ ਤੇ ਆਪ ਹੀ ਅਕਾਸ਼।

13910	302	ਵਿਚਿ ਆਪੇ ਜੰਤ ਉਪਾਇਅਨੁ ਮੁਖਿ ਆਪੇ ਦੇਇ ਗਿਰਾਸੁ॥	(ਉਪਾਇਅਨੁ) ਪੈਦਾ ਕੀਤੇ। (ਗਿਰਾਸੁ) ਭੋਜਨ। ਦੇਇ	Vich Aapae Janth Oupaaeian Mukh Aapae Dhaee Giraas ||	He Himself created the beings there, and He Himself places food in their mouths.	ਇਸ ਧਰਤੀ ਵਿਚ ਉਸ ਨੇ ਜੀਅ ਜੰਤ ਪੈਦਾ ਕੀਤੇ ਤੇ ਆਪ ਹੀ (ਜੀਵਾਂ ਦੇ) ਮੂੰਹ ਵਿਚ ਗਰਾਹੀ ਦੇਂਦਾ ਹੈ।
13911	302	ਸਭੁ ਆਪੇ ਆਪਿ ਵਰਤਦਾ ਆਪੇ ਹੀ ਗੁਣਤਾਸੁ॥		Sabh Aapae Aap Varathadhaa Aapae Hee Gunathaas ||	He Himself is All-pervading; He Himself is the Treasure of Excellence.	ਗੁਣਾਂ ਦਾ ਖ਼ਜ਼ਾਨਾ (ਹਰੀ) ਆਪ ਹੀ ਸਭ ਜੀਆਂ ਦੇ ਅੰਦਰ ਵਿਆਪਕ ਹੈ।
13912	302	ਜਨ ਨਾਨਕ ਨਾਮੁ ਧਿਆਇ ਤੂ ਸਭਿ ਕਿਲਵਿਖ ਕਟੇ ਤਾਸੁ॥੨॥	ਕੱਟੇ	Jan Naanak Naam Dhhiaae Thoo Sabh Kilavikh Kattae Thaas ||2||	O servant Nanak, meditate on the Naam, the Name of the Lord; He shall take away all your sinful mistakes. ||2||	ਹੇ ਦਾਸ ਨਾਨਕ! ਤੂੰ ਪ੍ਰਭੂ ਦਾ ਨਾਮ ਜਪ, (ਜਿਸ ਨੇ ਜਪਿਆ ਹੈ) ਉਸ ਦੇ ਸਾਰੇ ਪਾਪ ਪ੍ਰਭੂ ਦੂਰ ਕਰਦਾ ਹੈ ॥੨॥
13913	302	ਪਉੜੀ॥		Pourree ||	Pauree:	
13914	302	ਤੂ ਸਚਾ ਸਾਹਿਬੁ ਸਚੁ ਹੈ ਸਚੁ ਸਚੇ ਭਾਵੈ॥		Thoo Sachaa Saahib Sach Hai Sach Sachae Bhaavai ||	You, O True Lord and Master, are True; the Truth is pleasing to the True One.	ਹੇ ਹਰੀ! ਤੂੰ ਸੱਚਾ ਤੇ ਥਿਰ ਰਹਿਣ ਵਾਲਾ ਮਾਲਕ ਹੈਂ, ਤੈਨੂੰ ਸੱਚ ਹੀ ਪਿਆਰਾ ਲੱਗਦਾ ਹੈ।
13915	302	ਜੋ ਤੁਧੁ ਸਚੁ ਸਲਾਹਦੇ ਤਿਨ ਜਮਕੰਕਰੁ ਨੇੜਿ ਨ ਆਵੈ॥		Jo Thudhh Sach Salaahadhae Thin Jam Kankar Naerr N Aavai ||	The Messenger of Death does not even approach those who praise You, O True Lord.	ਹੇ ਸੱਚੇ ਪ੍ਰਭੂ! ਜੋ ਜੀਵ ਤੇਰੀ ਸਿਫ਼ਤਿ-ਸਾਲਾਹ ਕਰਦੇ ਹਨ, ਜਮਦੂਤ ਉਹਨਾਂ ਦੇ ਨੇੜੇ ਨਹੀਂ ਢੁਕਦਾ।

13916	302	ਤਿਨ ਕੇ ਮੁਖ ਦਰਿ ਉਜਲੇ ਜਿਨ ਹਰਿ ਹਿਰਦੈ ਸਚਾ ਭਾਵੈ॥	ਉੱਜਲੇ	Thin Kae Mukh Dhar Oujalae Jin Har Hiradhai Sachaa Bhaavai ||	Their faces are radiant in the Court of the Lord; the Lord is pleasing to their hearts.	ਜਿਨ੍ਹਾਂ ਦੇ ਹਿਰਦੇ ਵਿਚ ਸੱਚਾ ਪ੍ਰਭੂ ਪਿਆਰਾ ਲੱਗਦਾ ਹੈ, ਉਹਨਾਂ ਦੇ ਮੂੰਹ ਦਰਗਾਹ ਵਿਚ ਉੱਜਲੇ ਹੁੰਦੇ ਹਨ,
13917	302	ਕੂੜਿਆਰ ਪਿਛਾਹਾ ਸਟੀਅਨਿ ਕੂੜੁ ਹਿਰਦੈ ਕਪਟੁ ਮਹਾ ਦੁਖੁ ਪਾਵੈ॥	ਸੱਟੀ-ਅਨਿ	Koorriaar Pishhaahaa Satteean Koorr Hiradhai Kapatt Mehaa Dhukh Paavai ||	The false ones are left behind; because of the falsehood and deceit in their hearts, they suffer in terrible pain.	(ਪਰ) ਕੂੜ ਦਾ ਵਪਾਰ ਕਰਨ ਵਾਲਿਆਂ ਦੇ ਹਿਰਦੇ ਵਿਚ ਕੂੜ ਤੇ ਕਪਟ ਹੋਣ ਕਰਕੇ ਉਹ ਪਿਛੇ ਸਿੱਟੇ ਜਾਂਦੇ ਹਨ ਤੇ ਬੜਾ ਕਲੇਸ਼ ਉਠਾਂਦੇ ਹਨ।
13918	302	ਮੁਹ ਕਾਲੇ ਕੂੜਿਆਰੀਆ ਕੂੜਿਆਰ ਕੂੜੋ ਹੋਇ ਜਾਵੈ॥੬॥		Muh Kaalae Koorriaareeaa Koorriaar Koorro Hoe Jaavai ||6||	Black are the faces of the false; the false remain just false. ||6||	ਕੂੜਿਆਰਾਂ ਦੇ ਮੂੰਹ (ਦਰਗਾਹ ਵਿਚ) ਕਾਲੇ ਹੁੰਦੇ ਹਨ (ਕਿਉਂਕਿ) ਉਹਨਾਂ ਦੇ ਕੂੜ ਦਾ ਨਿਤਾਰਾ ਹੋ ਜਾਂਦਾ ਹੈ ॥੬॥
13919	302	ਸਲੋਕ ਮਃ ੪॥		Salok Ma 4 ||	Shalok, Fourth Mehl:	
13920	302	ਸਤਿਗੁਰੁ ਧਰਤੀ ਧਰਮ ਹੈ ਤਿਸੁ ਵਿਚਿ ਜੇਹਾ ਕੋ ਬੀਜੇ ਤੇਹਾ ਫਲੁ ਪਾਏ॥		Sathigur Dhharathee Dhharam Hai This Vich Jaehaa Ko Beejae Thaehaa Fal Paaeae ||	The True Guru is the field of Dharma; as one plants the seeds there, so are the fruits obtained.	(ਧਰਤੀ ਦੇ ਸੁਭਾਵ ਵਾਂਗ) ਸਤਿਗੁਰੂ (ਭੀ) ਧਰਮ ਦੀ ਭੋਏਂ ਹੈ, ਜਿਸ ਤਰ੍ਹਾਂ (ਦੀ ਭਾਵਨਾ) ਦਾ ਬੀਜ ਕੋਈ ਬੀਜਦਾ ਹੈ, ਉਹੋ ਜਿਹਾ ਫਲ ਲੈਂਦਾ ਹੈ।

13921	302	ਗੁਰਸਿਖੀ ਅੰਮ੍ਰਿਤੁ ਬੀਜਿਆ ਤਿਨ ਅੰਮ੍ਰਿਤ ਫਲੁ ਹਰਿ ਪਾਏ॥		Gurasikhee Anmrith Beejiaa Thin Anmrith Fal Har Paaeae ||	The GurSikhs plant ambrosial nectar, and obtain the Lord as their ambrosial fruit.	ਜਿਨ੍ਹਾਂ ਗੁਰਸਿੱਖਾਂ ਨੇ ਨਾਮ-ਅੰਮ੍ਰਿਤ ਬੀਜਿਆ ਹੈ ਉਹਨਾਂ ਨੂੰ ਪ੍ਰਭੂ-ਪ੍ਰਾਪਤੀ-ਰੂਪ ਅੰਮ੍ਰਿਤ ਫਲ ਹੀ ਮਿਲ ਗਿਆ ਹੈ।
13922	302	ਓਨਾ ਹਲਤਿ ਪਲਤਿ ਮੁਖ ਉਜਲੇ ਓਇ ਹਰਿ ਦਰਗਹ ਸਚੀ ਪੈਨਾਏ॥	(ਪੈਨ੍ਹਾਏ) ਸਤਿਕਾਰੇ	Ounaa Halath Palath Mukh Oujalae Oue Har Dharageh Sachee Painaaeae ||	Their faces are radiant in this world and the next; in the Court of the Lord, they are robed with honor.	ਇਸ ਸੰਸਾਰ ਵਿਚ ਤੇ ਅਗਲੇ ਜਹਾਨ ਵਿਚ ਉਹ ਸੁਰਖ਼ਰੂ ਹੁੰਦੇ ਹਨ, ਤੇ ਪ੍ਰਭੂ ਦੀ ਸੱਚੀ ਦਰਗਾਹ ਵਿਚ ਉਹਨਾਂ ਦਾ ਆਦਰ ਹੁੰਦਾ ਹੈ।
13923	302	ਇਕਨ੍ਹਾ ਅੰਦਰਿ ਖੋਟੁ ਨਿਤ ਖੋਟੁ ਕਮਾਵਹਿ ਓਹੁ ਜੇਹਾ ਬੀਜੇ ਤੇਹਾ ਫਲੁ ਖਾਏ॥		Eikanhaa Andhar Khott Nith Khott Kamaavehi Ouhu Jaehaa Beejae Thaehaa Fal Khaaeae ||	Some have cruelty in their hearts - they constantly act in cruelty; as they plant, so are the fruits which they eat.	ਇਕਨਾਂ ਜੀਵਾਂ ਦੇ ਹਿਰਦੇ ਵਿਚ ਖੋਟ (ਹੋਣ ਕਰਕੇ) ਉਹ ਸਦਾ ਖੋਟੇ ਕਰਮ ਕਰਦੇ ਹਨ। ਐਸਾ ਬੰਦਾ ਉਹੋ ਜਿਹਾ ਫਲ ਹੀ ਖਾਂਦਾ ਹੈ,
13924	303	ਜਾ ਸਤਿਗੁਰੁ ਸਰਾਫੁ ਨਦਰਿ ਕਰਿ ਦੇਖੈ ਸੁਆਵਗੀਰ ਸਭਿ ਉਘੜਿ ਆਏ॥	(ਸੁਆਵ-ਗੀਰ) ਮਤਲਬੀ। (ਉੱਘ-ੜਿ) ਪ੍ਰਗਟ	Jaa Sathigur Saraaf Nadhar Kar Dhaekhai Suaavageer Sabh Ougharr Aaeae ||	When the True Guru, the Tester, observes with His Glance, the selfish ones are all exposed.	(ਕਿਉਂਕਿ) ਜਦੋਂ ਸਰਾਫ਼ ਸਤਿਗੁਰੂ ਗਹੁ ਨਾਲ ਪਰਖਦਾ ਹੈ ਤਾਂ ਸਾਰੇ ਖ਼ੁਦਗ਼ਰਜ਼ ਪਰਗਟ ਹੋ ਜਾਂਦੇ ਹਨ (ਭਾਵ, ਲੁਕੇ ਨਹੀਂ ਰਹਿ ਸਕਦੇ)।

13925	303	ਓਇ ਜੇਹਾ ਚਿਤਵਹਿ ਨਿਤ ਤੇਹਾ ਪਾਇਨਿ ਓਇ ਤੇਹੋ ਜੇਹੇ ਦਯਿ ਵਜਾਏ॥	(ਵੱਜਾਏ)ਪ੍ਰਗਟ ਕੀਤੇ। ਦ-ਯਿ: ਦ ਮੁਕਤਾ, ਯਿ ਸਿਹਾਰੀ ਸਹਿਤ, ਤਾਲੂ ਤੋਂ ਬੋਲੋ। ਪਾਇ-ਨਿ	Oue Jaehaa Chithavehi Nith Thaehaa Paaein Oue Thaeho Jaehae Dhay Vajaaeae ||	As one thinks, so does he receive, and so does the Lord make him known.	ਜਿਹੋ ਜਿਹੀ ਉਹਨਾਂ ਦੇ ਹਿਰਦੇ ਦੀ ਭਾਵਨਾ ਹੁੰਦੀ ਹੈ, ਤਿਹੋ ਜਿਹਾ ਉਹਨਾਂ ਨੂੰ ਫਲ ਮਿਲਦਾ ਹੈ, ਤੇ ਖਸਮ ਪ੍ਰਭੂ ਦੀ ਰਾਹੀਂ ਉਹ ਉਸੇ ਤਰ੍ਹਾਂ ਨਸ਼ਰ ਕਰ ਦਿੱਤੇ ਜਾਂਦੇ ਹਨ,
13926	303	ਨਾਨਕ ਦੁਹੀ ਸਿਰੀ ਖਸਮੁ ਆਪੇ ਵਰਤੈ ਨਿਤ ਕਰਿ ਕਰਿ ਦੇਖੈ ਚਲਤ ਸਬਾਏ॥੧॥	(ਸਬਾਏ) ਸਾਰੇ	Naanak Dhuhee Siree Khasam Aapae Varathai Nith Kar Kar Dhaekhai Chalath Sabaaeae ||1||	O Nanak, the Lord and Master is pervading at both ends; He continually acts, and beholds His own play. ||1||	(ਪਰ) ਹੇ ਨਾਨਕ! (ਜੀਵ ਦੇ ਕੀਹ ਵੱਸ?) ਇਹ ਸਾਰੇ ਕੌਤਕ ਪ੍ਰਭੂ ਆਪ ਸਦਾ ਕਰ ਕੇ ਵੇਖ ਰਿਹਾ ਹੈ ਤੇ ਦੋਹੀਂ ਪਾਸੀਂ (ਗੁਰਸਿਖਾਂ ਵਿਚ ਤੇ ਸੁਆਵਗੀਰਾਂ ਵਿਚ) ਆਪ ਹੀ ਪਰਮਾਤਮਾ ਮੌਜੂਦ ਹੈ ॥੧॥
13927	303	ਮਃ ੪॥		Ma 4 ||	Fourth Mehl:	
13928	303	ਇਕੁ ਮਨੁ ਇਕੁ ਵਰਤਦਾ ਜਿਤੁ ਲਗੈ ਸੋ ਥਾਇ ਪਾਇ॥	ਲੱਗੈ	Eik Man Eik Varathadhaa Jith Lagai So Thhaae Paae ||	The mortal is of one mind - whatever he dedicates it to, in that he is successful.	ਮਨ ਇੱਕ ਹੈ ਤੇ ਇੱਕ ਪਾਸੇ ਹੀ ਲੱਗ ਸਕਦਾ ਹੈ, ਜਿਥੇ ਜੁੜਦਾ ਹੈ, ਓਥੇ ਸਫਲਤਾ ਹਾਸਲ ਕਰ ਲੈਂਦਾ ਹੈ।

13929	303	ਕੋਈ ਗਲਾ ਕਰੇ ਘਨੇਰੀਆ ਜਿ ਘਰਿ ਵਥੁ ਹੋਵੈ ਸਾਈ ਖਾਇ॥	ਗੱਲਾਂ। ਵੱਥੁ	Koee Galaa Karae Ghanaereeaa J Ghar Vathh Hovai Saaee Khaae ||	Some talk a lot, but they eat only that which is in their own homes.	ਬਹੁਤੀਆਂ ਗੱਲਾਂ ਬਾਹਰੋਂ ਬਾਹਰੋਂ ਕੋਈ ਪਿਆ ਕਰੇ (ਭਾਵ, ਗੱਲਾਂ ਕਰਨ ਦਾ ਕੋਈ ਲਾਭ ਨਹੀਂ), ਖਾ ਤੇ ਉਹੋ ਚੀਜ਼ ਸਕਦਾ ਹੈ ਜੇਹੜੀ ਘਰ ਵਿਚ ਹੋਵੇ (ਭਾਵ, ਮਨ ਜਿਥੇ ਲੱਗਾ ਹੋਇਆ ਹੈ, ਪ੍ਰਾਪਤ ਤਾਂ ਉਹੋ ਸ਼ੈ ਹੋਈ ਹੈ)।
13930	303	ਬਿਨੁ ਸਤਿਗੁਰ ਸੋਝੀ ਨਾ ਪਵੈ ਅਹੰਕਾਰੁ ਨ ਵਿਚਹੁ ਜਾਇ॥		Bin Sathigur Sojhee Naa Pavai Ahankaar N Vichahu Jaae ||	Without the True Guru, understanding is not obtained, and egotism does not depart from within.	ਮਨ ਨੂੰ ਸਤਿਗੁਰੂ ਦੇ ਅਧੀਨ ਕੀਤੇ ਬਿਨਾ (ਇਹ) ਸਮਝ ਨਹੀਂ ਪੈਂਦੀ ਤੇ ਹਿਰਦੇ ਵਿਚੋਂ ਅਹੰਕਾਰ ਦੂਰ ਨਹੀਂ ਹੁੰਦਾ।
13931	303	ਅਹੰਕਾਰੀਆ ਨੋ ਦੁਖ ਭੁਖ ਹੈ ਹਥੁ ਤਡਹਿ ਘਰਿ ਘਰਿ ਮੰਗਾਇ॥	(ਤੱਡਹਿ) ਹੱਥ ਅੱਡਣੇ। ਦੁੱਖ ਭੁੱਖ	Ahankaareeaa No Dhukh Bhukh Hai Hathh Thaddehi Ghar Ghar Mangaae ||	Suffering and hunger cling to the egotistical people; they hold out their hands and beg from door to door.	ਅਹੰਕਾਰੀ ਜੀਵਾਂ ਨੂੰ (ਸਦਾ) ਤ੍ਰਿਸ਼ਨਾ ਤੇ ਦੁੱਖ (ਸਤਾਉਂਦੇ ਹਨ), (ਤ੍ਰਿਸ਼ਨਾ ਦੇ ਕਾਰਨ) ਹੱਥ ਅੱਡ ਕੇ ਘਰ ਘਰ ਮੰਗਦੇ ਫਿਰਦੇ ਹਨ (ਭਾਵ, ਉਹਨਾਂ ਦੀ ਤ੍ਰਿਪਤੀ ਨਹੀਂ ਹੁੰਦੀ ਤੇ ਇਸੇ ਕਰਕੇ ਦੁਖੀ ਰਹਿੰਦੇ ਹਨ)।
13932	303	ਕੂੜੁ ਠਗੀ ਗੁਝੀ ਨਾ ਰਹੈ ਮੁਲੰਮਾ ਪਾਜੁ ਲਹਿ ਜਾਇ॥	(ਮੁਲੰਮਾ ਪਾਜੁ) ਦਿਖਾਵਾ। ਠੱਗੀ ਗੁੱਝੀ	Koorr Thagee Gujhee Naa Rehai Mulanmaa Paaj Lehi Jaae ||	Their falsehood and fraud cannot remain concealed; their false appearances fall off in the end.	ਉਨ੍ਹਾਂ ਦਾ ਮੁਲੰਮਾ ਪਾਜ (ਦਿਖਾਵਾ) ਲਹਿ ਜਾਂਦਾ ਹੈ ਅਤੇ ਕੂੜ ਤੇ ਠੱਗੀ ਲੁਕੀ ਨਹੀਂ ਰਹਿ ਸਕਦੀ,

13933	303	ਜਿਸੁ ਹੋਵੈ ਪੂਰਬਿ ਲਿਖਿਆ ਤਿਸੁ ਸਤਿਗੁਰੁ ਮਿਲੈ ਪ੍ਰਭੁ ਆਇ॥		Jis Hovai Poorab Likhiaa This Sathigur Milai Prabh Aae ||	One who has such pre-ordained destiny comes to meet God through the True Guru.	(ਪਰ ਉਹਨਾਂ ਵਿਚਾਰਿਆਂ ਦੇ ਭੀ ਕੀਹ ਵੱਸ)? ਪਿਛਲੇ (ਕੀਤੇ ਚੰਗੇ ਕੰਮਾਂ ਦੇ ਅਨੁਸਾਰ ਜਿਨ੍ਹਾਂ ਦੇ ਹਿਰਦੇ ਤੇ ਭਲੇ ਸੰਸਕਾਰ) ਲਿਖੇ ਹੋਏ ਹਨ, ਉਹਨਾਂ ਨੂੰ ਪੂਰਾ ਸਤਿਗੁਰੂ ਮਿਲ ਪੈਂਦਾ ਹੈ,
13934	303	ਜਿਉ ਲੋਹਾ ਪਾਰਸਿ ਭੇਟੀਐ ਮਿਲਿ ਸੰਗਤਿ ਸੁਵਰਨੁ ਹੋਇ ਜਾਇ॥	(ਸੁਵਰਨੁ) ਸੋਨਾ	Jio Lohaa Paaras Bhaetteeai Mil Sangath Suvaran Hoe Jaae ||	Just as iron is transmuted into gold by the touch of the Philosopher's Stone, so are people transformed by joining the Sangat, the Holy Congregation.	ਤੇ ਜਿਵੇਂ ਪਾਰਸ ਨਾਲ ਲੱਗ ਕੇ ਲੋਹਾ ਸੋਨਾ ਬਣ ਜਾਂਦਾ ਹੈ ਤਿਵੇਂ ਸੰਗਤਿ ਵਿਚ ਰਲ ਕੇ (ਉਹ ਭੀ ਚੰਗੇ ਬਣ ਜਾਂਦੇ ਹਨ)।
13935	303	ਜਨ ਨਾਨਕ ਕੇ ਪ੍ਰਭ ਤੂ ਧਣੀ ਜਿਉ ਭਾਵੈ ਤਿਵੈ ਚਲਾਇ॥੨॥		Jan Naanak Kae Prabh Thoo Dhhanee Jio Bhaavai Thivai Chalaae ||2||	O God, You are the Master of servant Nanak; as it pleases You, You lead him. ||2||	ਹੇ ਦਾਸ ਨਾਨਕ ਦੇ ਪ੍ਰਭੂ! (ਜੀਵਾਂ ਦੇ ਹੱਥ ਕੁਝ ਨਹੀਂ) ਤੂੰ ਆਪ ਸਭ ਦਾ ਮਾਲਕ ਹੈਂ ਜਿਵੇਂ ਤੈਨੂੰ ਚੰਗਾ ਲੱਗਦਾ ਹੈ ਤਿਵੇਂ ਜੀਵਾਂ ਨੂੰ ਤੋਰਦਾ ਹੈਂ ॥੨॥
13936	303	ਪਉੜੀ॥		Pourree ||	Pauree:	
13937	303	ਜਿਨ ਹਰਿ ਹਿਰਦੈ ਸੇਵਿਆ ਤਿਨ ਹਰਿ ਆਪਿ ਮਿਲਾਏ॥		Jin Har Hiradhai Saeviaa Thin Har Aap Milaaeae ||	One who serves the Lord with all his heart - the Lord Himself unites him with Himself.	ਜਿਨ੍ਹਾਂ ਜੀਵਾਂ ਨੇ ਹਿਰਦੇ ਵਿਚ ਪ੍ਰਭੂ ਦਾ ਸਿਮਰਨ ਕੀਤਾ, ਉਹਨਾਂ ਨੂੰ ਪ੍ਰਭੂ (ਆਪਣੇ ਵਿਚ) ਮਿਲਾ ਲੈਂਦਾ ਹੈ,

13938	303	ਗੁਣ ਕੀ ਸਾਝਿ ਤਿਨ ਸਿਉ ਕਰੀ ਸਭਿ ਅਵਗਣ ਸਬਦਿ ਜਲਾਏ॥		Gun Kee Saajh Thin Sio Karee Sabh Avagan Sabadh Jalaaeae ||	He enters into a partnership with virtue and merit, and burns off all his demerits with the fire of the Shabad.	ਉਹਨਾਂ ਨਾਲ (ਉਹਨਾਂ ਦੇ) ਗੁਣਾਂ ਦੀ ਜਿਨ੍ਹਾਂ ਨੇ ਭਿਆਲੀ ਕੀਤੀ ਹੈ, ਉਹਨਾਂ ਦੇ ਸਾਰੇ ਪਾਪ ਸ਼ਬਦ ਦੁਆਰਾ ਸਾੜੇ ਜਾਂਦੇ ਹਨ।
13939	303	ਅਉਗਣ ਵਿਕਣਿ ਪਲਰੀ ਜਿਸੁ ਦੇਹਿ ਸੁ ਸਚੇ ਪਾਏ॥	(ਪਲਰੀ) ਵਪਾਰੀ, ਫਲ਼ ਆਈ	Aougan Vikan Palaree Jis Dhaehi S Sachae Paaeae ||	Demerits are purchased cheap, like straw; he alone gathers merit, who is so blessed by the True Lord.	(ਪਰ) ਹੇ ਸੱਚੇ ਪ੍ਰਭੂ! ਔਗੁਣਾਂ ਨੂੰ ਪਰਾਲੀ ਦੇ ਭਾ ਵੇਚਣ ਲਈ (ਭਾਵ, ਸਹਲੇ ਹੀ ਨਾਸ ਕਰਨ ਲਈ) ਗੁਣਾਂ ਦੀ ਇਹ ਸਾਂਝ ਉਸੇ ਨੂੰ ਮਿਲਦੀ ਹੈ ਜਿਸ ਨੂੰ ਤੂੰ ਆਪ ਦੇਂਦਾ ਹੈ।
13940	303	ਬਲਿਹਾਰੀ ਗੁਰ ਆਪਣੇ ਜਿਨਿ ਅਉਗਣ ਮੇਟਿ ਗੁਣ ਪਰਗਟੀਆਏ॥	ਪਰਗਟੀ-ਆਏ	Balihaaree Gur Aapanae Jin Aougan Maett Gun Paragatteeaaeae ||	I am a sacrifice to my Guru, who has erased my demerits, and revealed my virtuous merits.	ਮੈਂ ਸਦਕੇ ਹਾਂ ਆਪਣੇ ਸਤਿਗੁਰੂ ਤੋਂ ਜਿਸ ਨੇ (ਜੀਵ ਦੇ) ਪਾਪ ਦੂਰ ਕਰ ਕੇ ਗੁਣ ਪਰਗਟ ਕੀਤੇ ਹਨ।
13941	303	ਵਡੀ ਵਡਿਆਈ ਵਡੇ ਕੀ ਗੁਰਮੁਖਿ ਆਲਾਏ॥੭॥	(ਆਲਾਏ) ਉਚਾਰਦਾ	Vaddee Vaddiaaee Vaddae Kee Guramukh Aalaaeae ||7||	The Gurmukh chants the glorious greatness of the great Lord God. ||7||	ਜੋ ਜੀਵ ਸਤਿਗੁਰੂ ਦੇ ਸਨਮੁਖ ਹੁੰਦਾ ਹੈ, ਉਹੀ ਵੱਡੇ ਪ੍ਰਭੂ ਦੀ ਵੱਡੀ ਸਿਫ਼ਤਿ-ਸਾਲਾਹ ਕਰਨ ਲੱਗ ਪੈਂਦਾ ਹੈ ॥੭॥
13942	303	ਸਲੋਕ ਮਃ ੪॥		Salok Ma 4 ||	Shalok, Fourth Mehl:	

13943	303	ਸਤਿਗੁਰ ਵਿਚਿ ਵਡੀ ਵਡਿਆਈ ਜੋ ਅਨ ਦਿਨੁ ਹਰਿ ਹਰਿ ਨਾਮੁ ਧਿਆਵੈ॥		Sathigur Vich Vaddee Vaddiaaee Jo Anadhin Har Har Naam Dhhiaavai ||	Great is the greatness within the True Guru, who meditates night and day on the Name of the Lord, Har, Har.	ਸਤਿਗੁਰੂ ਵਿਚ ਇਹ ਭਾਰਾ ਗੁਣ ਹੈ ਕਿ ਉਹ ਹਰ ਰੋਜ਼ ਪ੍ਰਭੂ-ਨਾਮ ਦਾ ਸਿਮਰਨ ਕਰਦਾ ਹੈ।
13944	303	ਹਰਿ ਹਰਿ ਨਾਮੁ ਰਮਤ ਸੁਚ ਸੰਜਮੁ ਹਰਿ ਨਾਮੇ ਹੀ ਤ੍ਰਿਪਤਾਵੈ॥	ਰਮਤ: ਪੋਲਾ ਬੋਲੋ ਮਿਲਵਾਂ, ਸੁੱਚ	Har Har Naam Ramath Such Sanjam Har Naamae Hee Thripathaavai ||	The repetition of the Name of the Lord, Har, Har, is his purity and self-restraint; with the Name of the Lord, He is satisfied.	ਸਤਿਗੁਰੂ ਦੀ ਸੁੱਚ ਤੇ ਸੰਜਮ ਹਰਿ-ਨਾਮ ਦਾ ਜਾਪ ਹੈ ਤੇ ਉਹ ਹਰਿ-ਨਾਮ ਵਿਚ ਹੀ ਤ੍ਰਿਪਤ ਰਹਿੰਦਾ ਹੈ।
13945	303	ਹਰਿ ਨਾਮੁ ਤਾਣੁ ਹਰਿ ਨਾਮੁ ਦੀਬਾਣੁ ਹਰਿ ਨਾਮੋ ਰਖ ਕਰਾਵੈ॥	ਰੱਖ	Har Naam Thaan Har Naam Dheebaan Har Naamo Rakh Karaavai ||	The Lord's Name is His power, and the Lord's Name is His Royal Court; the Lord's Name protects Him.	ਹਰਿ ਦਾ ਨਾਮ ਹੀ ਆਸਰਾ ਤੇ ਨਾਮ ਹੀ ਸਤਿਗੁਰੂ ਲਈ ਰੱਖਿਆ ਕਰਨ ਵਾਲਾ ਹੈ।
13946	303	ਜੋ ਚਿਤੁ ਲਾਇ ਪੂਜੇ ਗੁਰ ਮੂਰਤਿ ਸੋ ਮਨ ਇਛੇ ਫਲ ਪਾਵੈ॥	ਪੂੱਜੇ ਕਸਕੇ। ਚਿੱਤੁ	Jo Chith Laae Poojae Gur Moorath So Man Eishhae Fal Paavai ||	One who centers his consciousness and worships the Guru, obtains the fruits of his mind's desires.	ਜੋ ਮਨੁੱਖ ਇਸ ਗੁਰ-ਮੂਰਤੀ ਦਾ ਪੂਜਨ ਚਿੱਤ ਲਾ ਕੇ ਕਰਦਾ ਹੈ (ਭਾਵ, ਜੋ ਜੀਵ ਗਹੁ ਨਾਲ ਸਤਿਗੁਰੂ ਦੇ ਉਪਰ-ਲਿਖੇ ਗੁਣਾਂ ਨੂੰ ਧਾਰਨ ਕਰਦਾ ਹੈ) ਉਸ ਨੂੰ ਉਹੀ ਫਲ ਮਿਲ ਜਾਂਦਾ ਹੈ ਜਿਸ ਦੀ ਮਨ ਵਿਚ ਇੱਛਾ ਕਰੇ।

13947	303	ਜੋ ਨਿੰਦਾ ਕਰੇ ਸਤਿਗੁਰ ਪੂਰੇ ਕੀ ਤਿਸੁ ਕਰਤਾ ਮਾਰ ਦਿਵਾਵੈ॥		Jo Nindhaa Karae Sathigur Poorae Kee This Karathaa Maar Dhivaavai ||	But one who slanders the Perfect True Guru, shall be killed and destroyed by the Creator.	ਜੋ ਮਨੁੱਖ ਪੂਰੇ ਸਤਿਗੁਰੂ ਦੀ ਨਿੰਦਾ ਕਰਦਾ ਹੈ, ਉਸ ਨੂੰ ਪ੍ਰਭੂ ਮਾਰ ਪਵਾਉਂਦਾ ਹੈ।
13948	303	ਫੇਰਿ ਓਹ ਵੇਲਾ ਓਸੁ ਹਥਿ ਨ ਆਵੈ ਓਹੁ ਆਪਣਾ ਬੀਜਿਆ ਆਪੇ ਖਾਵੈ॥	ਹੱਥਿ	Faer Ouh Vaelaa Ous Hathh N Aavai Ouhu Aapanaa Beejiaa Aapae Khaavai ||	This opportunity shall not come into his hands again; he must eat what he himself has planted.	ਆਪਣੀ ਹੱਥੀਂ ਨਿੰਦਾ ਦਾ ਬੀਜ ਬੀਜੇ ਦਾ ਫਲ ਉਸ ਨੂੰ ਭੋਗਣਾ ਪੈਂਦਾ ਹੈ (ਤਦੋਂ ਪਛਤਾਉਂਦਾ ਹੈ, ਪਰ) ਫੇਰ ਜੋ ਵੇਲਾ (ਨਿੰਦਾ ਕਰਨ ਵਿਚ ਬੀਤ ਗਿਆ ਹੈ) ਉਸ ਨੂੰ ਮਿਲਦਾ ਨਹੀਂ।
13949	303	ਨਰਕਿ ਘੋਰਿ ਮੁਹਿ ਕਾਲੈ ਖੜਿਆ ਜਿਉ ਤਸਕਰੁ ਪਾਇ ਗਲਾਵੈ॥	(ਤਸਕਰੁ) ਚੋਰ। ਖੜਿਆ: ੜ ਹਲੰਤ ਨ ਲਾਉ	Narak Ghor Muhi Kaalai Kharriaa Jio Thasakar Paae Galaavai ||	He shall be taken to the most horrible hell, with his face blackened like a thief, and a noose around his neck.	ਤੇ ਜਿਵੇਂ ਚੋਰ ਨੂੰ ਗਲ ਵਿਚ ਰੱਸੀ ਪਾ ਕੇ ਲੈ ਜਾਈਦਾ ਹੈ ਤਿਵੇਂ ਕਾਲਾ ਮੂੰਹ ਕਰ ਕੇ (ਮਾਨੋ) ਡਰਾਉਣੇ ਨਰਕ ਵਿਚ (ਉਸ ਨੂੰ ਭੀ) ਪਾਇਆ ਜਾਂਦਾ ਹੈ।
13950	303	ਫਿਰਿ ਸਤਿਗੁਰ ਕੀ ਸਰਣੀ ਪਵੈ ਤਾ ਉਬਰੈ ਜਾ ਹਰਿ ਹਰਿ ਨਾਮੁ ਧਿਆਵੈ॥		Fir Sathigur Kee Saranee Pavai Thaa Oubarai Jaa Har Har Naam Dhhiaavai ||	But if he should again take to the Sanctuary of the True Guru, and meditate on the Name of the Lord, Har, Har, then he shall be saved.	ਫੇਰ ਇਸ (ਨਿੰਦਾ-ਰੂਪ ਘੋਰ ਨਰਕ ਵਿਚੋਂ) ਤਾਂ ਹੀ ਬਚਦਾ ਹੈ, ਜੇ ਸਤਿਗੁਰੂ ਦੀ ਸਰਨੀ ਪੈ ਕੇ ਪ੍ਰਭੂ ਦਾ ਨਾਮ ਜਪੇ।

13951	303	ਹਰਿ ਬਾਤਾ ਆਖਿ ਸੁਣਾਏ ਨਾਨਕੁ ਹਰਿ ਕਰਤੇ ਏਵੈ ਭਾਵੈ॥੧॥	ਬਾਤਾਂ	Har Baathaa Aakh Sunaaeae Naanak Har Karathae Eaevai Bhaavai ||1||	Nanak speaks and proclaims the Lord's Story; as it pleases the Creator, so does he speak. ||1||	ਨਾਨਕ ਪਰਮਾਤਮਾ (ਦੇ ਦਰ) ਦੀਆਂ ਗੱਲਾਂ ਆਖ ਕੇ ਸੁਣਾ ਰਿਹਾ ਹੈ; ਪਰਮਾਤਮਾ ਨੂੰ ਇਉਂ ਹੀ ਭਾਉਂਦਾ ਹੈ (ਕਿ ਨਿੰਦਕ ਈਰਖਾ ਦੇ ਨਰਕ ਵਿਚ ਆਪੇ ਹੀ ਪਿਆ ਸੜੇ) ॥੧॥
13952	303	ਮਃ ੪॥		Ma 4 ||	Fourth Mehl:	
13953	303	ਪੂਰੇ ਗੁਰ ਕਾ ਹੁਕਮੁ ਨ ਮੰਨੈ ਓਹੁ ਮਨਮੁਖੁ ਅਗਿਆਨੁ ਮੁਠਾ ਬਿਖੁ ਮਾਇਆ॥	(ਮੁੱਠਾ) ਠੱਗਿਆ	Poorae Gur Kaa Hukam N Mannai Ouhu Manamukh Agiaan Muthaa Bikh Maaeiaa ||	One who does not obey the Hukam, the Command of the Perfect Guru - that self-willed manmukh is plundered by his ignorance and poisoned by Maya.	ਜੋ ਮਨੁੱਖ ਪੂਰੇ ਸਤਿਗੁਰੂ ਦਾ ਹੁਕਮ ਨਹੀਂ ਮੰਨਦਾ, ਓਹ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੇ-ਸਮਝ ਬੰਦਾ ਮਾਇਆ (ਰੂਪ ਜ਼ਹਿਰ) ਦਾ ਠੱਗਿਆ (ਹੋਇਆ ਹੈ)
13954	303	ਓਸੁ ਅੰਦਰਿ ਕੂੜੁ ਕੂੜੋ ਕਰਿ ਬੁਝੈ ਅਣਹੋਦੇ ਝਗੜੇ ਦਯਿ ਓਸ ਦੈ ਗਲਿ ਪਾਇਆ॥	ਬੁੱਝੈ। ਦ-ਯਿ: ਦ ਮੁਕਤਾ, ਯਿ ਸਿਹਾਰੀ ਸਹਿਤ, ਤਾਲੂ ਤੋਂ ਬੋਲੋ	Ous Andhar Koorr Koorro Kar Bujhai Anehodhae Jhagarrae Dhay Ous Dhai Gal Paaeiaa ||	Within him is falsehood, and he sees everyone else as false; the Lord has tied these useless conflicts around his neck.	ਉਸ ਦੇ ਮਨ ਵਿਚ ਝੂਠ ਹੈ (ਸੱਚ ਨੂੰ ਭੀ ਉਹ) ਝੂਠ ਹੀ ਸਮਝਦਾ ਹੈ, ਇਸ ਵਾਸਤੇ ਖਸਮ ਨੇ (ਝੂਠ ਬੋਲਣ ਤੋਂ ਪੈਦਾ ਹੋਏ) ਵਿਅਰਥ ਝਗੜੇ ਉਸ ਦੇ ਗਲ ਪਾ ਦਿੱਤੇ ਹਨ।

13955	303	ਓਹੁ ਗਲ ਫਰੋਸੀ ਕਰੇ ਬਹੁਤੇਰੀ ਓਸ ਦਾ ਬੋਲਿਆ ਕਿਸੈ ਨ ਭਾਇਆ॥	(ਬਹੁਤੇਰੀ) ਬਹੁਤੀ। (ਫਰੋਸੀ) ਵੇਚਣੀ ਕਰਦਾਹੈ, ਭਾਵ ਝੂੱਠੀਆਂ ਗੱਲਾਂ ਦਾ ਖੱਟਿਆ ਖਾਂਦਾ ਹੈ। ਗੱਲ	Ouhu Gal Farosee Karae Bahuthaeree Ous Dhaa Boliaa Kisai N Bhaaeiaa ||	He babbles on and on, but the words he speaks please no one.	ਊਲ-ਜਲੂਲ ਬੋਲ ਕੇ ਰੋਟੀ ਕਮਾਉਣ ਦੇ ਉਹ ਬਥੇਰੇ ਜਤਨ ਕਰਦਾ ਹੈ, ਪਰ ਉਸ ਦੇ ਬਚਨ ਕਿਸੇ ਨੂੰ ਚੰਗੇ ਨਹੀਂ ਲੱਗਦੇ।
13956	303	ਓਹੁ ਘਰਿ ਘਰਿ ਹੰਢੈ ਜਿਉ ਰੰਨ ਦੋਹਾਗਣਿ ਓਸੁ ਨਾਲਿ ਮੁਹੁ ਜੋੜੇ ਓਸੁ ਭੀ ਲਛਣੁ ਲਾਇਆ॥	(ਹੰਢੈ) ਫਿਰਦਾ। (ਦੋਹਾਗਣਿ) ਛੁੱਟੜ। (ਲੱਛਣੁ) ਕਲੰਕ	Ouhu Ghar Ghar Handtai Jio Rann Dhuohaagan Ous Naal Muhu Jorae Ous Bhee Lashhan Laaeiaa ||	He wanders from house to house like an abandoned woman; whoever associates with him is stained by the mark of evil as well.	ਛੁੱਟੜ ਰੰਨ ਵਾਂਙ ਉਹ ਘਰ ਘਰ ਫਿਰਦਾ ਹੈ, ਜੋ ਮਨੁੱਖ ਉਸ ਨਾਲ ਮੇਲ-ਮੁਲਾਕਾਤ ਰੱਖਦਾ ਹੈ ਉਸ ਨੂੰ ਭੀ ਕਲੰਕ ਲੱਗ ਜਾਂਦਾ ਹੈ।
13957	303	ਗੁਰਮੁਖਿ ਹੋਇ ਸੁ ਅਲਿਪਤੋ ਵਰਤੈ ਓਸ ਦਾ ਪਾਸੁ ਛਡਿ ਗੁਰ ਪਾਸਿ ਬਹਿ ਜਾਇਆ॥	(ਅ-ਲਿਪਤੋ) ਨਿਰਲੇਪ	Guramukh Hoe S Alipatho Varathai Ous Dhaa Paas Shhadd Gur Paas Behi Jaaeiaa ||	Those who become Gurmukh avoid him; they forsake his company and sit hear the Guru.	ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੁੰਦਾ ਹੈ ਉਹ ਮਨਮੁਖ ਤੋਂ ਵੱਖਰਾ ਰਹਿੰਦਾ ਹੈ, ਮਨਮੁਖ ਦਾ ਸਾਥ ਛੱਡ ਕੇ ਸਤਿਗੁਰੂ ਦੀ ਸੰਗਤ ਕਰਦਾ ਹੈ।

13958	304	ਜੋ ਗੁਰੁ ਗੋਪੇ ਆਪਣਾ ਸੁ ਭਲਾ ਨਾਹੀ ਪੰਚਹੁ ਓਨਿ ਲਾਹਾ ਮੂਲੁ ਸਭੁ ਗਵਾਇਆ॥	(ਗੋਪੇ) ਲੁਕਾਵੇ। (ਪੰਚਹੁ) ਹੇ ਸੰਤੋ	Jo Gur Gopae Aapanaa S Bhalaa Naahee Panchahu Oun Laahaa Mool Sabh Gavaaeiaa ||	O chosen people, O self-elect, one who does not publicly affirm his Guru is not a good person; he loses all his profits and capital.	ਹੇ ਸੰਤ ਜਨੋਂ! (ਮੁਕਦੀ ਗੱਲ ਇਹ ਹੈ ਕਿ) ਜੋ ਮਨੁੱਖ ਆਪਣੇ ਸਤਿਗੁਰੂ ਦੀ ਨਿੰਦਾ ਕਰਦਾ ਹੈ, ਉਹ ਚੰਗਾ ਨਹੀਂ, (ਮਨੁੱਖਾ ਜਨਮ ਵਿਚ) ਜੋ ਖੱਟਣਾ ਸੀ ਉਹ ਭੀ ਗਵਾ ਲੈਂਦਾ ਹੈ ਤੇ (ਮਨੁੱਖ-ਜਨਮ-ਰੂਪ) ਮੂਲ ਭੀ ਗਵਾ ਲੈਂਦਾ ਹੈ।
13959	304	ਪਹਿਲਾ ਆਗਮੁ ਨਿਗਮੁ ਨਾਨਕੁ ਆਖਿ ਸੁਣਾਏ ਪੂਰੇ ਗੁਰ ਕਾ ਬਚਨੁ ਉਪਰਿ ਆਇਆ॥	(ਆਗਮੁ) ਸਾਸ਼ਤ੍ਰ। (ਨਿਗਮੁ) ਵੇਦ। ਆਗਮ ਨਿਗਮੁ: ਪੋਲੇ ਬੋਲੋ	Pehilaa Aagam Nigam Naanak Aakh Sunaaeae Poorae Gur Kaa Bachan Oupar Aaeiaa ||	People used to chant and recite the Shaastras and the Vedas, O Nanak, but now the Words of the Perfect Guru have come to be the most exalted of all.	ਨਾਨਕ ਆਖ ਕੇ ਸੁਣਾਉਂਦਾ ਹੈ (ਭਾਵ, ਨਾਨਕ ਇਸ ਗੱਲ ਤੇ ਜ਼ੋਰ ਦੇ ਕੇ ਆਖਦਾ ਹੈ ਕਿ) (ਗੁਰਸਿੱਖ ਲਈ ਇਹ) ਪਹਿਲਾ ਆਗਮ ਨਿਗਮ ਹੈ (ਇਹੋ ਹੀ ਹੈ ਵੇਦ ਸ਼ਾਸਤ੍ਰਾਂ ਦਾ ਉੱਤਮ ਸਿੱਧਾਂਤ ਕਿ) ਪੂਰੇ ਸਤਿਗੁਰੂ ਦਾ ਬਚਨ (ਸਭ ਤੋਂ) ਵਧੀਕ ਪ੍ਰਮਾਣੀਕ ਹੈ।
13960	304	ਗੁਰਸਿਖਾ ਵਡਿਆਈ ਭਾਵੈ ਗੁਰ ਪੂਰੇ ਕੀ ਮਨਮੁਖਾ ਓਹ ਵੇਲਾ ਹਥਿ ਨ ਆਇਆ॥੨॥		Gurasikhaa Vaddiaaee Bhaavai Gur Poorae Kee Manamukhaa Ouh Vaelaa Hathh N Aaeiaa ||2||	The glorious greatness of the Perfect Guru is pleasing to the GurSikh; the self-willed manmukhs have lost this opportunity. ||2||	(ਇਸ ਵਾਸਤੇ) ਗੁਰਸਿੱਖਾਂ ਨੂੰ ਪੂਰੇ ਸਤਿਗੁਰੂ ਦੀ ਵਡਿਆਈ ਚੰਗੀ ਲੱਗਦੀ ਹੈ (ਪਰ) ਮਨਮੁਖਾਂ ਨੂੰ ਗੁਰੂ ਦੀ ਵਡਿਆਈ ਸਮਝਣ ਦਾ ਉਹ ਸਮਾਂ ਹੱਥ ਨਹੀਂ ਆਉਂਦਾ ॥੨॥
13961	304	ਪਉੜੀ॥		Pourree ||	Pauree:	

13962	304	ਸਚੁ ਸਚਾ ਸਭ ਦੂ ਵਡਾ ਹੈ ਸੋ ਲਏ ਜਿਸੁ ਸਤਿਗੁਰੁ ਟਿਕੇ॥	ਟਿੱਕੇ	Sach Sachaa Sabh Dhoo Vaddaa Hai So Leae Jis Sathigur Ttikae ||	The True Lord is truly the greatest of all; he alone obtains Him, who is anointed by the Guru.	ਸਦਾ-ਥਿਰ ਰਹਿਣ ਵਾਲਾ ਜੋ ਸੱਚਾ ਪ੍ਰਭੂ ਸਭ ਤੋਂ ਵੱਡਾ ਹੈ, ਉਸ ਮਨੁੱਖ ਨੂੰ ਮਿਲਦਾ ਹੈ ਜਿਸ ਨੂੰ ਸਤਿਗੁਰੂ ਤਿਲਕ ਦੇਵੇ (ਭਾਵ, ਅਸੀਸ ਦੇਵੇ)।
13963	304	ਸੋ ਸਤਿਗੁਰੁ ਜਿ ਸਚੁ ਧਿਆਇਦਾ ਸਚੁ ਸਚਾ ਸਤਿਗੁਰੁ ਇਕੇ॥	ਸੱਚੁ ਸੱਚਾ ਇੱਕੇ	So Sathigur J Sach Dhhiaaeidhaa Sach Sachaa Sathigur Eikae ||	He is the True Guru, who meditates on the True Lord. The True Lord and the True Guru are truly One.	ਸਤਿਗੁਰੂ ਭੀ ਉਹੀ ਹੈ ਜੋ ਸਦਾ ਸੱਚੇ ਪ੍ਰਭੂ ਨੂੰ ਚੇਤੇ ਰੱਖਦਾ ਹੈ (ਅਤੇ ਇਸ ਤਰ੍ਹਾਂ) ਸੱਚਾ ਪ੍ਰਭੂ ਤੇ ਸਤਿਗੁਰੂ ਇੱਕ-ਰੂਪ (ਹੋ ਗਏ ਹਨ।)
13964	304	ਸੋਈ ਸਤਿਗੁਰੁ ਪੁਰਖੁ ਹੈ ਜਿਨਿ ਪੰਜੇ ਦੂਤ ਕੀਤੇ ਵਸਿ ਛਿਕੇ॥	(ਛਿੱਕੇ)ਖਿੱਚ ਕੇ। ਵੱਸਿ	Soee Sathigur Purakh Hai Jin Panjae Dhooth Keethae Vas Shhikae ||	He is the True Guru, the Primal Being, who has totally conquered his five passions.	ਸਤਿਗੁਰੂ ਪੁਰਖ ਉਹੋ ਹੀ ਹੈ, ਜਿਸ ਨੇ (ਕਾਮਾਦਿਕ) ਪੰਜੇ ਵੈਰੀ ਖਿੱਚ ਕੇ ਵੱਸ ਕਰ ਲਏ ਹਨ।
13965	304	ਜਿ ਬਿਨੁ ਸਤਿਗੁਰ ਸੇਵੇ ਆਪੁ ਗਣਾਇਦੇ ਤਿਨ ਅੰਦਰਿ ਕੂੜੁ ਫਿਟੁ ਫਿਟੁ ਮੁਹ ਫਿਕੇ॥	ਫਿੱਟੁ ਫਿੱਟੁ ਫਿੱਕੇ	J Bin Sathigur Saevae Aap Ganaaeidhae Thin Andhar Koorr Fitt Fitt Muh Fikae ||	One who does not serve the True Guru, and who praises himself, is filled with falsehood within. Cursed, cursed is his ugly face.	ਜੋ ਮਨੁੱਖ ਸਤਿਗੁਰੂ ਦੀ ਸੇਵਾ ਤੋਂ ਵਾਂਜੇ ਰਹਿੰਦੇ ਹਨ ਤੇ ਆਪਣੇ ਆਪ ਨੂੰ ਵੱਡਾ ਅਖਵਾਉਂਦੇ ਹਨ, ਉਹਨਾਂ ਦੇ ਹਿਰਦੇ ਵਿਚ ਝੂਠ ਹੁੰਦਾ ਹੈ (ਇਸ ਕਰਕੇ ਉਹਨਾਂ ਦਾ) ਮੂੰਹ ਫਿੱਕਾ (ਰਹਿੰਦਾ ਹੈ, ਭਾਵ, ਉਹਨਾਂ ਦੇ ਮੂੰਹ ਤੇ ਨਾਮ ਦੀ ਲਾਲੀ ਨਹੀਂ ਹੁੰਦੀ ਤੇ) ਉਹਨਾਂ ਨੂੰ ਸਦਾ ਫਿਟਕਾਰ ਪੈਂਦੀ ਹੈ;

13966	304	ਓਇ ਬੋਲੇ ਕਿਸੈ ਨ ਭਾਵਨੀ ਮੁਹ ਕਾਲੇ ਸਤਿਗੁਰ ਤੇ ਚੁਕੇ॥੮॥		Oue Bolae Kisai N Bhaavanee Muh Kaalae Sathigur Thae Chukae ||8||	His words are not pleasing to anyone; his face is blackened, and he is separated from the True Guru. ||8||	ਕਿਸੇ ਨੂੰ ਉਹਨਾਂ ਦੇ ਬਚਨ ਹੱਛੇ ਨਹੀਂ ਲੱਗਦੇ (ਅੰਦਰ ਕੂੜ ਹੋਣ ਕਰਕੇ) ਉਹਨਾਂ ਦੇ ਮੂੰਹ ਭੀ ਭਰਿਸ਼ਟੇ ਹੋਏ ਹੁੰਦੇ ਹਨ (ਕਿਉਂਕਿ) ਉਹ ਸਤਿਗੁਰ ਤੋਂ ਭੁੱਲੇ ਹੋਏ ਹਨ ॥੮॥
13967	304	ਸਲੋਕ ਮਃ ੪॥		Salok Ma 4 ||	Shalok, Fourth Mehl:	
13968	304	ਹਰਿ ਪ੍ਰਭ ਕਾ ਸਭੁ ਖੇਤੁ ਹੈ ਹਰਿ ਆਪਿ ਕਿਰਸਾਣੀ ਲਾਇਆ॥		Har Prabh Kaa Sabh Khaeth Hai Har Aap Kirasaanee Laaeiaa ||	Everyone is the field of the Lord God; the Lord Himself cultivates this field.	ਸਾਰਾ ਸੰਸਾਰ ਪ੍ਰਭੂ ਦੀ (ਮਾਨੋ) ਪੈਲੀ ਹੈ (ਜਿਸ ਵਿਚ) ਪ੍ਰਭੂ ਨੇ (ਜੀਵਾਂ ਨੂੰ) ਵਾਹੀ ਦੇ ਕੰਮ ਵਿਚ ਜੋੜਿਆ ਹੈ (ਭਾਵ, ਨਾਮ ਜਪਣ ਲਈ ਭੇਜਿਆ ਹੋਇਆ ਹੈ)।
13969	304	ਗੁਰਮੁਖਿ ਬਖਸਿ ਜਮਾਈਅਨੁ ਮਨਮੁਖੀ ਮੂਲੁ ਗਵਾਇਆ॥	ਜਮਾਈਅਨੁ	Guramukh Bakhas Jamaaeean Manamukhee Mool Gavaaeiaa ||	The Gurmukh grows the crop of forgiveness, while the self-willed manmukh loses even his roots.	ਜੋ ਮਨੁੱਖ ਸਤਿਗੁਰੂ ਦੇ ਸਨਮੁਖ ਰਹਿੰਦੇ ਹਨ, ਉਹਨਾਂ ਦੀ (ਖੇਤੀ) ਪ੍ਰਭੂ ਨੇ ਮਿਹਰ ਕਰ ਕੇ ਉਗਾ ਦਿੱਤੀ ਹੈ, (ਪਰ) ਜੋ ਮਨੁੱਖ ਮਨ ਦੇ ਪਿਛੇ ਭੁੱਲੇ ਰਹੇ, ਉਹਨਾਂ ਮੂਲ ਭੀ ਗਵਾ ਲਿਆ (ਭਾਵ, ਮਨੁੱਖਾ ਜਨਮ ਹੱਥੋਂ ਖੋਹ ਲਿਆ)।
13970	304	ਸਭੁ ਕੋ ਬੀਜੇ ਆਪਣੇ ਭਲੇ ਨੋ ਹਰਿ ਭਾਵੈ ਸੋ ਖੇਤੁ ਜਮਾਇਆ॥		Sabh Ko Beejae Aapanae Bhalae No Har Bhaavai So Khaeth Jamaaeiaa ||	They all plant for their own good, but the Lord causes to grow only that field with which He is pleased.	(ਆਪਣੇ ਵਲੋਂ) ਹਰ ਕੋਈ ਆਪਣੇ ਭਲੇ ਲਈ ਬੀਜਦਾ ਹੈ (ਪਰ) ਉਹੀ ਖੇਤ ਚੰਗਾ ਉੱਗਦਾ ਹੈ (ਭਾਵ, ਉਹੀ ਕਮਾਈ ਸਫਲ ਹੁੰਦੀ ਹੈ) ਜੋ ਪ੍ਰਭੂ ਨੂੰ ਚੰਗਾ ਲੱਗਦਾ ਹੈ।

13971	304	ਗੁਰਸਿਖੀ ਹਰਿ ਅੰਮ੍ਰਿਤੁ ਬੀਜਿਆ ਹਰਿ ਅੰਮ੍ਰਿਤ ਨਾਮੁ ਫਲੁ ਅੰਮ੍ਰਿਤੁ ਪਾਇਆ॥	ਗੁਰਸਿੱਖੀਂ	Gurasikhee Har Anmrith Beejiaa Har Anmrith Naam Fal Anmrith Paaeiaa ||	The GurSikh plants the seed of the Lord's Ambrosial Nectar, and obtains the Lord's Ambrosial Naam as his Ambrosial Fruit.	(ਇਸ ਕਰਕੇ ਹਰੀ ਦੀ ਪ੍ਰਸੰਨਤਾ ਲਈ) ਸਤਿਗੁਰੂ ਦੇ ਸਿੱਖ ਅਮਰ ਕਰਨ ਵਾਲੇ ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਬੀਜਦੇ ਹਨ ਤੇ ਉਹਨਾਂ ਨੂੰ ਹਰਿਨਾਮ-ਰੂਪ ਅੰਮ੍ਰਿਤ ਫਲ ਦੀ ਪ੍ਰਾਪਤੀ ਹੋ ਜਾਂਦੀ ਹੈ।
13972	304	ਜਮੁ ਚੂਹਾ ਕਿਰਸ ਨਿਤ ਕੁਰਕਦਾ ਹਰਿ ਕਰਤੈ ਮਾਰਿ ਕਢਾਇਆ॥	(ਕਿਰਸ) ਖੇਤੀ। (ਕੁਰਕਦਾ) ਕੱਟਦਾ	Jam Choohaa Kiras Nith Kurakadhaa Har Karathai Maar Kadtaaeiaa ||	The mouse of Death is continually gnawing away at the crop, but the Creator Lord has beaten it off and driven it away.	(ਮਨਮੁਖਾਂ ਦੀ) ਕਿਰਸਾਣੀ ਨੂੰ ਜੋ ਜਮ (ਰੂਪ) ਚੂਹਾ ਸਦਾ ਟੁੱਕੀ ਜਾਂਦਾ ਹੈ ਗੁਰਸਿੱਖਾਂ ਦਾ ਉਹ ਕੋਈ ਵਿਗਾੜ ਨਹੀਂ ਕਰ ਸਕਦਾ, (ਕਿਉਂਕਿ) ਸਿਰਜਣਹਾਰ ਪ੍ਰਭੂ ਨੇ ਮਾਰ ਕੇ ਉਸ ਨੂੰ ਕੱਢ ਦਿੱਤਾ ਹੈ (ਭਾਵ, ਗੁਰਸਿੱਖਾਂ ਦੇ ਹਿਰਦੇ ਵਿਚ ਮਾਇਆ ਵਾਲਾ ਪ੍ਰਭਾਵ ਹੀ ਨਹੀਂ ਰਹਿਣ ਦਿੱਤਾ)।
13973	304	ਕਿਰਸਾਣੀ ਜੰਮੀ ਭਾਉ ਕਰਿ ਹਰਿ ਬੋਹਲ ਬਖਸ ਜਮਾਇਆ॥	(ਬੋਹਲ) ਢੇਰ ਅਨਾਜ ਦਾ	Kirasaanee Janmee Bhaao Kar Har Bohal Bakhas Jamaaeiaa ||	The farm was successful, by the Love of the Lord, and the crop was produced by God's Grace.	(ਇਸ ਵਾਸਤੇ ਉਹਨਾਂ ਦੀ) ਫ਼ਸਲ ਪ੍ਰੇਮ ਨਾਲ (ਭਾਵ, ਚੰਗੀ ਫੱਬ ਕੇ) ਉੱਗਦੀ ਹੈ ਤੇ ਪ੍ਰਭੂ ਦੀ ਮਿਹਰ-ਰੂਪੀ ਬੋਹਲ ਦਾ ਢੇਰ ਲੱਗ ਜਾਂਦਾ ਹੈ।

13974	304	ਤਿਨ ਕਾ ਕਾੜਾ ਅੰਦੇਸਾ ਸਭੁ ਲਾਹਿਓਨੁ ਜਿਨੀ ਸਤਿਗੁਰੁ ਪੁਰਖੁ ਧਿਆਇਆ॥	(:ਪੋਲਾ ਬੋਲੋ ਕਾੜਾ) ਸਾੜਾ, ਫਿਕਰ	Thin Kaa Kaarraa Andhaesaa Sabh Laahioun Jinee Sathigur Purakh Dhhiaaeiaa ||	He has removed all the burning and anxiety of those, who have meditated on the True Guru, the Primal Being.	ਜੇਹੜੇ ਮਨੁੱਖ ਸਤਿਗੁਰ ਪੁਰਖ ਦਾ ਧਿਆਨ ਧਰਦੇ ਹਨ, ਪ੍ਰਭੂ ਨੇ ਉਹਨਾਂ ਦਾ ਸਾਰਾ ਝੋਰਾ ਤੇ ਚਿੰਤਾ ਲਾਹ ਦਿੱਤਾ ਹੈ।
13975	304	ਜਨ ਨਾਨਕ ਨਾਮੁ ਅਰਾਧਿਆ ਆਪਿ ਤਰਿਆ ਸਭੁ ਜਗਤੁ ਤਰਾਇਆ॥੧॥		Jan Naanak Naam Araadhhiaa Aap Thariaa Sabh Jagath Tharaaeiaa ||1||	O servant Nanak, one who worships and adores the Naam, the Name of the Lord, swims across, and saves the whole world as well. ||1||	ਹੇ ਦਾਸ ਨਾਨਕ! ਜੋ ਮਨੁੱਖ ਪ੍ਰਭੂ-ਨਾਮ ਦਾ ਸਿਮਰਨ ਕਰਦਾ ਹੈ, ਉਹ ਆਪ (ਇਸ ਕਾੜੇ ਅੰਦੇਸੇ-ਭਰੇ ਸਮੁੰਦਰ ਵਿਚੋਂ) ਤਰ ਜਾਂਦਾ ਹੈ ਤੇ ਸਾਰੇ ਸੰਸਾਰ ਨੂੰ ਤਾਰ ਲੈਂਦਾ ਹੈ ॥੧॥
13976	304	ਮਃ ੪॥		Ma 4 ||	Fourth Mehl:	
13977	304	ਸਾਰਾ ਦਿਨੁ ਲਾਲਚਿ ਅਟਿਆ ਮਨਮੁਖਿ ਹੋਰੇ ਗਲਾ॥	(ਅੱਟਿਆ)ਪੂਰਿਆ। (ਹੋਰੇ) ਹੋਰ ਹੀ।ਗੱਲਾਂ	Saaraa Dhin Laalach Attiaa Manamukh Horae Galaa ||	The self-willed manmukh is occupied with greed all day long, although he may claim otherwise.	ਮਨ ਦੇ ਅਧੀਨ ਹੋਇਆ ਮਨੁੱਖ ਸਾਰਾ ਦਿਨ ਲਾਲਚ ਵਿਚ ਲਿੱਬੜਿਆ ਹੋਇਆ (ਨਾਮ ਤੋਂ ਛੁਟ) ਹੋਰ ਹੋਰ ਗੱਲਾਂ ਕਰਦਾ ਫਿਰਦਾ ਹੈ।
13978	304	ਰਾਤੀ ਊਘੈ ਦਬਿਆ ਨਵੇ ਸੋਤ ਸਭਿ ਢਿਲਾ॥	ਨਵੇ:ਪੋਲਾ ਬੋਲੋ।(ਨਵੇ) ਨੌਂ। (ਸੋਤ) ਗੋਲਕਾਂ। ਦੱਬਿਆ	Raathee Ooghai Dhabiaa Navae Soth Sabh Dtilaa ||	At night, he is overcome by fatigue, and all his nine holes are weakened.	(ਦਿਨ ਦੀ ਕਿਰਤ-ਕਾਰ ਕਰ ਕੇ ਥੱਕਿਆ ਹੋਇਆ) ਰਾਤ ਨੂੰ ਨੀਂਦਰ ਵਿਚ ਘੁੱਟਿਆ ਜਾਂਦਾ ਹੈ, ਉਸ ਦੇ ਸਾਰੇ ਨੌ ਹੀ ਇੰਦਰੇ ਢਿੱਲੇ ਹੋ ਜਾਂਦੇ ਹਨ।

13979	304	ਮਨਮੁਖਾ ਦੈ ਸਿਰਿ ਜੋਰਾ ਅਮਰੁ ਹੈ ਨਿਤ ਦੇਵਹਿ ਭਲਾ॥	(ਜੋਰਾਂ) ਇਸਤ੍ਰੀਆਂ, ਜ਼ਬਰਦਸਤੀ। (ਅਮਰੁ) ਹੁਕਮ। ਕੁਬਚਨ ਬੋਲਣ ਰੂਪ (ਭੱਲਾ) ਨੇਜਾ ਮਾਰਦੀ ਹੈ ਅਥਵਾ (ਭਲਾ) ਚੰਗੀਆਂ ਚੀਜ਼ਾਂ ਦਿੰਦਾ ਹੈ	Manamukhaa Dhai Sir Joraa Amar Hai Nith Dhaevehi Bhalaa ||	Over the head of the manmukh is the order of the woman; to her, he ever holds out his promises of goodness.	(ਇਹੋ ਜਿਹੇ) ਮਨਮੁਖਾਂ ਦੇ ਸਿਰ ਤੇ ਇਸਤ੍ਰੀਆਂ ਦਾ ਹੁਕਮ ਹੁੰਦਾ ਹੈ, ਤੇ ਉਹ ਉਹਨਾਂ ਨੂੰ (ਹੀ) ਸਦਾ ਚੰਗੇ ਚੰਗੇ ਪਦਾਰਥ ਲਿਆ ਕੇ ਦੇਂਦੇ ਹਨ।
13980	304	ਜੋਰਾ ਦਾ ਆਖਿਆ ਪੁਰਖ ਕਮਾਵਦੇ ਸੇ ਅਪਵਿਤ ਅਮੇਧ ਖਲਾ॥	(ਅਮੇਧ) ਅਸ਼ੁੱਧ। ਖਲਾ:ਪੋਲਾ ਬੋਲੋ। (ਖਲਾ) ਮੂਰਖ। ਅਪਵਿੱਤ	Joraa Dhaa Aakhiaa Purakh Kamaavadhae Sae Apavith Amaedhh Khalaa ||	Those men who act according to the orders of women are impure, filthy and foolish.	ਜੋ ਮਨੁੱਖ ਇਸਤ੍ਰੀਆਂ ਦੇ ਕਹੇ ਵਿਚ ਟੁਰਦੇ ਹਨ (ਭਾਵ, ਆਪਣਾ ਵਜ਼ੀਰ ਜਾਣ ਕੇ ਸਲਾਹ ਨਹੀ ਲੈਂਦੇ, ਸਗੋਂ ਨਿਰੋਲ ਜੋ ਇਸਤ੍ਰੀਆਂ ਆਖਣ ਉਹੀ ਕਰਦੇ ਹਨ), ਉਹ (ਆਮ ਤੌਰ ਤੇ) ਮਲੀਨ-ਮਤਿ ਬੁਧ-ਹੀਨ ਤੇ ਮੂਰਖ ਹੁੰਦੇ ਹਨ,
13981	304	ਕਾਮਿ ਵਿਆਪੇ ਕੁਸੁਧ ਨਰ ਸੇ ਜੋਰਾ ਪੁਛਿ ਚਲਾ॥	ਕੁਸੁੱਧ। ਚੱਲਾ	Kaam Viaapae Kusudhh Nar Sae Joraa Pushh Chalaa ||	Those impure men are engrossed in sexual desire; they consult their women and walk accordingly.	(ਕਿਉਂਕਿ) ਜੋ ਵਿਸ਼ੇ ਦੇ ਮਾਰੇ ਹੋਏ ਗੰਦੇ ਆਚਰਨ ਵਾਲੇ ਹੁੰਦੇ ਹਨ, ਉਹੋ ਹੀ ਇਸਤ੍ਰੀਆਂ ਦੇ ਕਹੇ ਵਿਚ ਹੀ ਤੁਰਦੇ ਹਨ।
13982	304	ਸਤਿਗੁਰ ਕੈ ਆਖਿਐ ਜੋ ਚਲੈ ਸੋ ਸਤਿ ਪੁਰਖੁ ਭਲ ਭਲਾ॥	ਚੱਲੈ। ਭਲ ਭਲਾ: ਪੋਲੇ ਬੋਲੋ	Sathigur Kai Aakhiai Jo Chalai So Sath Purakh Bhal Bhalaa ||	One who walks as the True Guru tells him to, is the true man, the best of the best.	ਸੱਚਾ ਤੇ ਚੰਗੇ ਤੋਂ ਚੰਗਾ ਮਨੁੱਖ ਉਹ ਹੈ, ਜੋ ਸਤਿਗੁਰੂ ਦੇ ਹੁਕਮ ਵਿਚ ਚਲਦਾ ਹੈ।

13983	304	ਜੋਰਾ ਪੁਰਖ ਸਭਿ ਆਪਿ ਉਪਾਇਅਨੁ ਹਰਿ ਖੇਲ ਸਭਿ ਖਿਲਾ॥	(ਖਿਲਾ) ਖੇਡਿਆ ਹੈ। ਖ੍ਹੇਲ ਖਿਲਾ: ਪੋਲੇ ਬੋਲੋ	Joraa Purakh Sabh Aap Oupaaeian Har Khael Sabh Khilaa ||	He Himself created all women and men; the Lord Himself plays every play.	(ਪਰ, ਇਸਤ੍ਰੀ ਜਾਂ ਮਨਮੁਖ ਮਨੁੱਖ ਦੇ ਕੀਹ ਇਖ਼ਤਿਆਰ? ਸਭ ਇਸਤ੍ਰੀਆਂ ਤੇ ਮਨੁੱਖ ਪ੍ਰਭੂ ਨੇ ਆਪ ਪੈਦਾ ਕੀਤੇ ਹਨ।
13984	304	ਸਭ ਤੇਰੀ ਬਣਤ ਬਣਾਵਣੀ ਨਾਨਕ ਭਲ ਭਲਾ॥੨॥	ਭਲ ਭਲਾ: ਪੋਲਾ ਬੋਲੋ	Sabh Thaeree Banath Banaavanee Naanak Bhal Bhalaa ||2||	You created the entire creation; O Nanak, it is the best of the best. ||2||	ਹੇ ਨਾਨਕ! (ਆਖ ਕਿ) ਹੇ ਪ੍ਰਭੂ! (ਸੰਸਾਰ ਦੀ) ਇਹ ਸਾਰੀ ਬਣਤ ਤੇਰੀ ਬਣਾਈ ਹੋਈ ਹੈ, ਜੋ ਕੁੱਝ ਤੂੰ ਕੀਤਾ ਹੈ ਸਭ ਭਲਾ ਹੈ ॥੨॥
13985	304	ਪਉੜੀ॥		Pourree ||	Pauree:	
13986	304	ਤੂ ਵੇਪਰਵਾਹੁ ਅਥਾਹੁ ਹੈ ਅਤੁਲੁ ਕਿਉ ਤੁਲੀਐ॥	ਤੁਲੀਐ:ਪੋਲਾ ਬੋਲੋ। (ਤੁਲੀਐ) ਤੋਲੇ ਜਾਣ। ਹੈਂ ਅ-ਤੁੱਲੁ	Thoo Vaeparavaahu Athhaahu Hai Athul Kio Thuleeai ||	You are carefree, unfathomable and immeasurable; how can You be measured?	ਹੇ ਪ੍ਰਭੂ! ਤੈਨੂੰ ਕਿਵੇਂ ਤੋਲੀਏ? ਤੂੰ ਵੇਪਰਵਾਹ, ਅਥਾਹ ਤੇ ਅਤੋਲ ਹੈਂ।
13987	304	ਸੇ ਵਡਭਾਗੀ ਜਿ ਤੁਧੁ ਧਿਆਇਦੇ ਜਿਨ ਸਤਿਗੁਰੁ ਮਿਲੀਐ॥		Sae Vaddabhaagee J Thudhh Dhhiaaeidhae Jin Sathigur Mileeai ||	Those who have met the True Guru and who meditate on You are very fortunate.	ਜਿਨ੍ਹਾਂ ਨੂੰ ਸਤਿਗੁਰੂ ਮਿਲਦਾ ਹੈ ਤੇ ਜੇਹੜੇ ਤੇਰਾ ਸਿਮਰਨ ਕਰਦੇ ਹਨ, ਉਹ ਵੱਡੇ ਭਾਗਾਂ ਵਾਲੇ ਹਨ।

13988	304	ਸਤਿਗੁਰ ਕੀ ਬਾਣੀ ਸਤਿ ਸਰੂਪੁ ਹੈ ਗੁਰਬਾਣੀ ਬਣੀਐ॥	(ਬਣੀਐ) ਬਣ ਜਾਈਦਾ ਹੈ। ਬਣੀਐ ਨੂੰ ਬਿੰਦੀ ਨ ਲਾਉ	Sathigur Kee Baanee Sath Saroop Hai Gurabaanee Baneeai ||	The Word of the True Guru's Bani is the embodiment of Truth; through Gurbani, one becomes perfect.	ਸਤਿਗੁਰੂ ਦੀ ਬਾਣੀ ਸੱਚੇ ਪ੍ਰਭੂ ਦਾ ਸਰੂਪ ਹੈ (ਕਿਉਂਕਿ ਇਹ ਨਿਰੋਲ ਸੱਚੇ ਪ੍ਰਭੂ ਦੀ ਸਿਫ਼ਤਿ-ਸਾਲਾਹ ਹੈ) ਤੇ ਸਤਿਗੁਰੂ ਦੀ ਬਾਣੀ ਰਾਹੀਂ (ਸਤਿ ਸਰੂਪ) ਬਣ ਜਾਈਦਾ ਹੈ (ਭਾਵ ਜੋ ਨਾਮ ਜਪਦਾ ਹੈ ਉਹ ਨਾਮ ਵਿਚ ਸਮਾ ਜਾਂਦਾ ਹੈ)।
13989	304	ਸਤਿਗੁਰ ਕੀ ਰੀਸੈ ਹੋਰਿ ਕਚੁ ਪਿਚੁ ਬੋਲਦੇ ਸੇ ਕੂੜਿਆਰ ਕੂੜੇ ਝੜਿ ਪੜੀਐ॥	ਕੱਚੁ। ਪਿੱਚੁ। ਪੜੀਐ, ਝਾੜੇ ਪੈਰ ਹਲੰਤ ਨਹੀਂਲਾਉਣਾ	Sathigur Kee Reesai Hor Kach Pich Boladhae Sae Koorriaar Koorrae Jharr Parreeai ||	Jealously emulating the True Guru, some others may speak of good and bad, but the false are destroyed by their falsehood.	ਕਈ ਹੋਰ ਕੂੜ ਦੇ ਵਪਾਰੀ ਸਤਿਗੁਰੂ ਦੀ ਰੀਸ ਕਰ ਕੇ ਕੱਚੀ-ਪਿੱਲੀ ਬਾਣੀ ਉਚਾਰਦੇ ਹਨ, ਪਰ ਉਹ (ਹਿਰਦੇ ਵਿਚ) ਕੂੜ ਹੋਣ ਕਰਕੇ ਝੜ ਪੈਂਦੇ ਹਨ (ਭਾਵ, ਸਤਿਗੁਰੂ ਦੀ ਬਰਾਬਰੀ ਨਹੀਂ ਕਰ ਸਕਦੇ, ਤੇ ਉਹਨਾਂ ਦਾ ਪਾਜ ਖੁੱਲ੍ਹ ਜਾਂਦਾ ਹੈ)।
13990	304	ਓਨ੍ਹਾ ਅੰਦਰਿ ਹੋਰੁ ਮੁਖਿ ਹੋਰੁ ਹੈ ਬਿਖੁ ਮਾਇਆ ਨੋ ਝਖਿ ਮਰਦੇ ਕੜੀਐ॥੯॥	(ਝਖਿ) ਖਪਦੇ। (:ਪੋਲਾ ਬੋਲੋ ਕੜੀਐ) ਤਪਦੇ	Ounhaa Andhar Hor Mukh Hor Hai Bikh Maaeiaa No Jhakh Maradhae Karreeai ||9||	Deep within them is one thing, and in their mouths is another; they suck in the poison of Maya, and then they painfully waste away. ||9||	ਉਹਨਾਂ ਦੇ ਹਿਰਦੇ ਵਿਚ ਕੁੱਝ ਹੋਰ ਹੁੰਦਾ ਹੈ ਤੇ ਮੂੰਹ ਵਿਚ ਹੋਰ, ਉਹ ਵਿਹੁ-ਮਾਇਆ ਨੂੰ ਇਕੱਤਰ ਕਰਨ ਲਈ ਝੁਰਦੇ ਹਨ ਤੇ ਖਪ ਖਪ ਮਰਦੇ ਹਨ ॥੯॥
13991	304	ਸਲੋਕ ਮਃ ੪॥		Salok Ma 4 ||	Shalok, Fourth Mehl:	

13992	304	ਸਤਿਗੁਰ ਕੀ ਸੇਵਾ ਨਿਰਮਲੀ ਨਿਰਮਲ ਜਨੁ ਹੋਇ ਸੁ ਸੇਵਾ ਘਾਲੇ॥		Sathigur Kee Saevaa Niramalee Niramal Jan Hoe S Saevaa Ghaalae ||	Service to the True Guru is immaculate and pure; those humble beings who are pure perform this service.	ਸਤਿਗੁਰੂ ਦੀ (ਦੱਸੀ) ਸੇਵਾ (ਇਕ) ਪਵਿਤ੍ਰ (ਕੰਮ) ਹੈ, ਜੋ ਮਨੁੱਖ ਨਿਰਮਲ ਹੋਵੇ (ਭਾਵ, ਜਿਸ ਮਨੁੱਖ ਦਾ ਹਿਰਦਾ ਮਲੀਨ ਨਾ ਹੋਵੇ) ਉਹੋ ਹੀ ਇਹ ਔਖੀ ਕਾਰ ਕਰ ਸਕਦਾ ਹੈ।
13993	304	ਜਿਨ ਅੰਦਰਿ ਕਪਟੁ ਵਿਕਾਰੁ ਝੂਠੁ ਓਇ ਆਪੇ ਸਚੈ ਵਖਿ ਕਢੇ ਜਜਮਾਲੇ॥	(ਜਜਮਾਲੇ) ਕੋਹੜੀ	Jin Andhar Kapatt Vikaar Jhooth Oue Aapae Sachai Vakh Kadtae Jajamaalae ||	Those who have deceit, corruption and falsehood within - the True Lord Himself casts them out like lepers.	ਜਿਨ੍ਹਾਂ ਦੇ ਹਿਰਦੇ ਵਿਚ ਧੋਖਾ ਵਿਕਾਰ ਤੇ ਝੂਠ ਹੈ, ਸੱਚੇ ਪ੍ਰਭੂ ਨੇ ਆਪ ਹੀ ਉਹਨਾਂ ਕੋੜ੍ਹਿਆਂ ਨੂੰ (ਗੁਰੂ ਤੋਂ) ਵੱਖਰੇ ਕਰ ਦਿੱਤਾ ਹੈ।
13994	305	ਸਚਿਆਰ ਸਿਖ ਬਹਿ ਸਤਿਗੁਰ ਪਾਸਿ ਘਾਲਨਿ ਕੂੜਿਆਰ ਨ ਲਭਨੀ ਕਿਤੈ ਥਾਇ ਭਾਲੇ॥	ਲੱਭਨੀ	Sachiaar Sikh Behi Sathigur Paas Ghaalan Koorriaar N Labhanee Kithai Thhaae Bhaalae ||	The truthful Sikhs sit by the True Guru's side and serve Him. The false ones search, but find no place of rest.	ਸੱਚ ਦੇ ਵਪਾਰੀ ਸਿੱਖ ਤਾਂ ਸਤਿਗੁਰੂ ਦੇ ਪਾਸ ਬਹਿ ਕੇ (ਸੇਵਾ ਦੀ) ਘਾਲ ਘਾਲਦੇ ਹਨ, ਪਰ ਉਥੇ ਕੂੜ ਦੇ ਵਪਾਰੀ ਕਿਤੇ ਲੱਭਿਆਂ ਭੀ ਨਹੀਂ ਲੱਭਦੇ।

13995	305	ਜਿਨਾ ਸਤਿਗੁਰ ਕਾ ਆਖਿਆ ਸੁਖਾਵੈ ਨਾਹੀ ਤਿਨ੍ਹਾ ਮੁਹ ਭਲੇਰੇ ਫਿਰਹਿ ਦਯਿ ਗਾਲੇ॥	(ਭਲੇਰੇ) ਮੰਦੇ। (ਗਾਲੇ) ਫਿਟਕਾਰੇ। (ਦ-ਯਿ) ਵਾਹਿਗੁਰੂ ਵੱਲੋਂ। ਦ ਮੁਕਤਾ, ਯਿ ਸਿਹਾਰੀ ਸਹਿਤ, ਤਾਲੂ ਤੋਂ ਬੋਲੋ	Jinaa Sathigur Kaa Aakhiaa Sukhaavai Naahee Thinaa Muh Bhalaerae Firehi Dhay Gaalae ||	Those who are not pleased with the Words of the True Guru - their faces are cursed, and they wander around, condemned by God.	ਜਿਨ੍ਹਾਂ ਮਨੁੱਖਾਂ ਨੂੰ ਸਤਿਗੁਰੂ ਦੇ ਬਚਨ ਚੰਗੇ ਨਹੀ ਲੱਗਦੇ ਉਹਨਾਂ ਦੇ ਮੂੰਹ ਭਰਿਸ਼ਟੇ ਹੋਏ ਹੁੰਦੇ ਹਨ, ਉਹ ਖਸਮ ਵਲੋਂ ਫਿਟਕਾਰੇ ਹੋਏ ਫਿਰਦੇ ਹਨ।
13996	305	ਜਿਨ ਅੰਦਰਿ ਪ੍ਰੀਤਿ ਨਹੀ ਹਰਿ ਕੇਰੀ ਸੇ ਕਿਚਰਕੁ ਵੇਰਾਈਅਨਿ ਮਨਮੁਖ ਬੇਤਾਲੇ॥	(ਕਿਚ-ਰਕੁ) ਕਿਤਨਾ ਕੁ ਚਿਰ। (ਵੇਰਾਈ-ਅਨਿ) ਧੀਰਜ ਦੇਈਏ। (ਬੇਤਾਲੇ) ਭੂਤਨੇ	Jin Andhar Preeth Nehee Har Kaeree Sae Kicharak Vaeraaeean Manamukh Baethaalae ||	Those who do not have the Love of the Lord within their hearts - how long can those demonic, self-willed manmukhs be consoled?	ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ ਦਾ ਪਿਆਰ ਨਹੀ, ਕਦ ਤਾਈਂ ਉਹਨਾਂ ਨੂੰ ਧੀਰਜ ਦਿੱਤੀ ਜਾ ਸਕਦੀ ਹੈ? ਉਹ ਮਨ ਦੇ ਮੁਰੀਦ ਬੰਦੇ ਭੂਤਾਂ ਵਾਂਗ ਹੀ ਭਟਕਦੇ ਹਨ।
13997	305	ਸਤਿਗੁਰ ਨੋ ਮਿਲੈ ਸੁ ਆਪਣਾ ਮਨੁ ਥਾਇ ਰਖੈ ਓਹੁ ਆਪਿ ਵਰਤੈ ਆਪਣੀ ਵਥੁ ਨਾਲੇ॥		Sathigur No Milai S Aapanaa Man Thhaae Rakhai Ouhu Aap Varathai Aapanee Vathh Naalae ||	One who meets the True Guru, keeps his mind in its own place; he spends only his own assets.	ਜੇਹੜਾ ਮਨੁੱਖ ਸਤਿਗੁਰੂ ਨੂੰ ਮਿਲਦਾ ਹੈ ਉਹ (ਇਕ ਤਾਂ) ਆਪਣੇ ਮਨ ਨੂੰ (ਵਿਕਾਰਾਂ ਵੱਲੋਂ ਰੋਕ ਕੇ) ਟਿਕਾਣੇ ਰੱਖਦਾ ਹੈ, ਨਾਲੇ (ਭਾਵ, ਤੇ ਹੋਰ) ਆਪਣੀ ਵਸਤੂ ਨੂੰ ਉਹ ਆਪ ਹੀ ਵਰਤਦਾ ਹੈ (ਭਾਵ, ਕਾਮਾਦਿਕ ਵੈਰੀ ਉਸ ਦੇ ਆਤਮਕ ਆਨੰਦ ਨੂੰ ਖ਼ਰਾਬ ਨਹੀਂ ਕਰ ਸਕਦੇ)।

13998	305	ਜਨ ਨਾਨਕ ਇਕਨਾ ਗੁਰੁ ਮੇਲਿ ਸੁਖੁ ਦੇਵੈ ਇਕਿ ਆਪੇ ਵਖਿ ਕਢੈ ਠਗਵਾਲੇ॥੧॥	ਠੱਗਵਾਲੇ	Jan Naanak Eikanaa Gur Mael Sukh Dhaevai Eik Aapae Vakh Kadtai Thagavaalae ||1||	O servant Nanak, some are united with the Guru; to some, the Lord grants peace, while others - deceitful cheats - suffer in isolation. ||1||	(ਪਰ) ਹੇ ਦਾਸ ਨਾਨਕ! (ਜੀਵ ਦੇ ਹੱਥ ਵਿਚ ਕੁੱਝ ਨਹੀਂ) ਇਕਨਾਂ ਨੂੰ ਆਪ ਹਰੀ ਸਤਿਗੁਰੂ ਮਿਲਾਂਦਾ ਹੈ ਤੇ ਸੁਖ ਬਖ਼ਸ਼ਦਾ ਹੈ ਅਤੇ ਇਕਨਾਂ ਠੱਗੀ ਕਰਨ ਵਾਲਿਆਂ ਨੂੰ ਵੱਖ ਕਰ ਦੇਂਦਾ ਹੈ (ਭਾਵ, ਸਤਿਗੁਰੂ ਮਿਲਣ ਨਹੀਂ ਦੇਂਦਾ) ॥੧॥
13999	305	ਮਃ ੪॥		Ma 4 ||	Fourth Mehl:	
14000	305	ਜਿਨਾ ਅੰਦਰਿ ਨਾਮੁ ਨਿਧਾਨੁ ਹਰਿ ਤਿਨ ਕੇ ਕਾਜ ਦਯਿ ਆਦੇ ਰਾਸਿ॥	ਦ-ਯਿ: ਦ ਮੁਕਤਾ, ਯਿ ਸਿਹਾਰੀ ਸਹਿਤ, ਤਾਲੂ ਤੋਂ ਬੋਲੋ।ਆਂਦੇ	Jinaa Andhar Naam Nidhhaan Har Thin Kae Kaaj Dhay Aadhae Raas ||	Those who have the treasure of the Lord's Name deep within their hearts - the Lord resolves their affairs.	ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਖ਼ਜ਼ਾਨਾ ਹੈ, ਖਸਮ-ਪ੍ਰਭੂ ਨੇ ਉਹਨਾਂ ਦੇ ਕੰਮ ਆਪ ਸਿਰੇ ਚਾੜ੍ਹੇ ਹਨ;
14001	305	ਤਿਨ ਚੂਕੀ ਮੁਹਤਾਜੀ ਲੋਕਨ ਕੀ ਹਰਿ ਪ੍ਰਭੁ ਅੰਗੁ ਕਰਿ ਬੈਠਾ ਪਾਸਿ॥	(ਅੰਗੁ) ਪੱਖ	Thin Chookee Muhathaajee Lokan Kee Har Prabh Ang Kar Baithaa Paas ||	They are no longer subservient to other people; the Lord God sits by them, at their side.	ਉਹਨਾਂ ਨੂੰ ਲੋਕਾਂ ਦੀ ਮੁਥਾਜੀ ਕਰਨ ਦੀ ਲੋੜ ਨਹੀਂ ਰਹਿੰਦੀ (ਕਿਉਂਕਿ) ਪ੍ਰਭੂ ਉਹਨਾਂ ਦਾ ਪੱਖ ਕਰ ਕੇ (ਸਦਾ) ਉਹਨਾਂ ਦੇ ਅੰਗ-ਸੰਗ ਹੈ।

14002	305	ਜਾਂ ਕਰਤਾ ਵਲਿ ਤਾ ਸਭੁ ਕੋ ਵਲਿ ਸਭਿ ਦਰਸਨੁ ਦੇਖਿ ਕਰਹਿ ਸਾਬਾਸਿ॥	ਵੱਲਿ	Jaan Karathaa Val Thaa Sabh Ko Val Sabh Dharasan Dhaekh Karehi Saabaas ||	When the Creator is on their side, then everyone is on their side. Beholding their vision, everyone applauds them.	(ਮੁਥਾਜੀ ਤਾਂ ਕਿਤੇ ਰਹੀ, ਸਗੋਂ) ਸਭ ਲੋਕ ਉਹਨਾਂ ਦਾ ਦਰਸ਼ਨ ਕਰ ਕੇ ਉਹਨਾਂ ਦੀ ਵਡਿਆਈ ਕਰਦੇ ਹਨ (ਕਿਉਂਕਿ) ਜਦੋਂ ਸਿਰਜਨਹਾਰ ਆਪ ਉਹਨਾਂ ਦਾ ਪੱਖ ਕਰਦਾ ਹੈ ਤਾਂ ਹਰ ਕਿਸੇ ਨੇ ਪੱਖ ਕਰਨਾ ਹੋਇਆ।
14003	305	ਸਾਹੁ ਪਾਤਿਸਾਹੁ ਸਭੁ ਹਰਿ ਕਾ ਕੀਆ ਸਭਿ ਜਨ ਕਉ ਆਇ ਕਰਹਿ ਰਹਰਾਸਿ॥	(ਰਹਰਾਸਿ) ਨਮਸਕਾਰ, ਬੇਨਤੀ	Saahu Paathisaahu Sabh Har Kaa Keeaa Sabh Jan Ko Aae Karehi Reharaas ||	Kings and emperors are all created by the Lord; they all come and bow in reverence to the Lord's humble servant.	(ਇਥੋਂ ਤਕ ਕਿ) ਸ਼ਾਹ ਪਾਤਸ਼ਾਹ (ਭੀ) ਸਾਰੇ ਹਰੀ ਦੇ ਦਾਸ ਦੇ ਅੱਗੇ ਸਿਰ ਨਿਵਾਉਂਦੇ ਹਨ (ਕਿਉਂਕਿ ਉਹ ਭੀ ਤਾਂ) ਸਾਰੇ ਪ੍ਰਭੂ ਦੇ ਹੀ ਬਣਾਏ ਹੋਏ ਹਨ (ਪ੍ਰਭੂ ਦੇ ਦਾਸ ਤੋਂ ਆਕੀ ਕਿਵੇਂ ਹੋਣ)?
14004	305	ਗੁਰ ਪੂਰੇ ਕੀ ਵਡੀ ਵਡਿਆਈ ਹਰਿ ਵਡਾ ਸੇਵਿ ਅਤੁਲੁ ਸੁਖੁ ਪਾਇਆ॥	ਅ-ਤੁੱਲੁ	Gur Poorae Kee Vaddee Vaddiaaee Har Vaddaa Saev Athul Sukh Paaeiaa ||	Great is the greatness of the Perfect Guru. Serving the Great Lord, I have obtained immeasurable peace.	(ਇਹੀ) ਵੱਡੀ ਵਡਿਆਈ ਪੂਰੇ ਸਤਿਗੁਰੂ ਦੀ ਹੀ ਹੈ (ਕਿ ਹਰੀ ਦੇ ਦਾਸ ਦਾ ਸ਼ਾਹਾਂ ਪਾਤਸ਼ਾਹਾਂ ਸਮੇਤ ਲੋਕ ਆਦਰ ਕਰਦੇ ਹਨ, ਤੇ ਉਹ) ਵੱਡੇ ਹਰੀ ਦੀ ਸੇਵਾ ਕਰ ਕੇ ਅਤੁਲ ਸੁਖ ਪਾਂਦਾ ਹੈ।

14005	305	ਗੁਰਿ ਪੂਰੈ ਦਾਨੁ ਦੀਆ ਹਰਿ ਨਿਹਚਲੁ ਨਿਤ ਬਖਸੇ ਚੜੈ ਸਵਾਇਆ॥	(ਸਵਾਇਆ) ਸਦਾ ਵਧਦਾ। ਚੜੈ	Gur Poorai Dhaan Dheeaa Har Nihachal Nith Bakhasae Charrai Savaaeiaa ||	The Lord has bestowed this eternal gift upon the Perfect Guru; His blessings increase day by day.	ਪੂਰੇ ਸਤਿਗੁਰੂ ਦੀ ਰਾਹੀਂ ਪ੍ਰਭੂ ਨੇ (ਜੋ ਆਪਣੇ ਨਾਮ ਦਾ) ਦਾਨ (ਆਪਣੇ ਸੇਵਕ ਨੂੰ) ਬਖ਼ਸ਼ਿਆ ਹੈ ਉਹ ਮੁੱਕਦਾ ਨਹੀਂ, ਕਿਉਂਕਿ ਪ੍ਰਭੂ ਸਦਾ ਬਖ਼ਸ਼ਸ਼ ਕਰੀ ਜਾਂਦਾ ਹੈ ਤੇ ਉਹ ਦਾਨ (ਦਿਨੇ ਦਿਨ) ਵਧਦਾ ਰਹਿੰਦਾ ਹੈ।
14006	305	ਕੋਈ ਨਿੰਦਕੁ ਵਡਿਆਈ ਦੇਖਿ ਨ ਸਕੈ ਸੋ ਕਰਤੈ ਆਪਿ ਪਚਾਇਆ॥	(ਪਚਾਇਆ) ਸਾੜਿਆ	Koee Nindhak Vaddiaaee Dhaekh N Sakai So Karathai Aap Pachaaeiaa ||	The slanderer, who cannot endure His greatness, is destroyed by the Creator Himself.	ਜੇਹੜਾ ਕੋਈ ਨਿੰਦਕ (ਇਹੋ ਜਿਹੇ ਹਰੀ ਦੇ ਦਾਸ ਦੀ) ਵਡਿਆਈ ਵੇਖ ਕੇ ਜਰ ਨਹੀਂ ਸਕਦਾ, ਉਸ ਨੂੰ ਸਿਰਜਣਹਾਰ ਨੇ ਆਪ (ਈਰਖਾ ਦੀ ਅੱਗ ਵਿਚ) ਦੁਖੀ ਕੀਤਾ ਹੈ।
14007	305	ਜਨੁ ਨਾਨਕੁ ਗੁਣ ਬੋਲੈ ਕਰਤੇ ਕੇ ਭਗਤਾ ਨੋ ਸਦਾ ਰਖਦਾ ਆਇਆ॥੨॥		Jan Naanak Gun Bolai Karathae Kae Bhagathaa No Sadhaa Rakhadhaa Aaeiaa ||2||	Servant Nanak chants the Glorious Praises of the Creator, who protects His devotees forever. ||2||	ਮੈਂ ਦਾਸ ਨਾਨਕ ਸਿਰਜਣਹਾਰ ਦੇ ਗੁਣ ਗਾਉਂਦਾ ਹਾਂ, ਉਹ ਆਪਣੇ ਭਗਤਾਂ ਦੀ ਸਦਾ ਰਾਖੀ ਕਰਦਾ ਆਇਆ ਹੈ ॥੨॥
14008	305	ਪਉੜੀ॥		Pourree ||	Pauree:	

14009	305	ਤੂ ਸਾਹਿਬੁ ਅਗਮ ਦਇਆਲੁ ਹੈ ਵਡ ਦਾਤਾ ਦਾਣਾ॥	(ਦਾਣਾ) ਦਾਨਾ, ਸਿਆਣਾ	Thoo Saahib Agam Dhaeiaal Hai Vadd Dhaathaa Dhaanaa ||	You, O Lord and Master, are inaccessible and merciful; You are the Great Giver, All-knowing.	ਹੇ ਪ੍ਰਭੂ! ਤੂੰ ਅਪਹੁੰਚ ਤੇ ਦਿਆਲ ਮਾਲਕ ਹੈਂ ਵੱਡਾ ਦਾਤਾ ਤੇ ਸਿਆਣਾ ਹੈਂ।
14010	305	ਤੁਧੁ ਜੇਵਡੁ ਮੈ ਹੋਰੁ ਕੋ ਦਿਸਿ ਨ ਆਵਈ ਤੂਹੈਂ ਸੁਘੜੁ ਮੇਰੈ ਮਨਿ ਭਾਣਾ॥	(ਸੁਘ-ੜੁ) ਸੁਚੱਜਾ	Thudhh Jaevadd Mai Hor Ko Dhis Naa Aavee Thoohain Sugharr Maerai Man Bhaanaa ||	I can see no other as great as You; O Lord of Wisdom, You are pleasing to my mind.	ਮੈਨੂੰ ਤੇਰੇ ਜੇਡਾ ਵੱਡਾ ਹੋਰ ਕੋਈ ਭੀ ਦਿਖਾਈ ਨਹੀਂ ਦੇਂਦਾ, ਤੂੰ ਹੀ ਸਿਆਣਾ ਮੇਰੇ ਮਨ ਵਿਚ ਪਿਆਰਾ ਲੱਗਾ ਹੈਂ।
14011	305	ਮੋਹੁ ਕੁਟੰਬੁ ਦਿਸਿ ਆਵਦਾ ਸਭੁ ਚਲਣਹਾਰਾ ਆਵਣ ਜਾਣਾ॥		Mohu Kuttanb Dhis Aavadhaa Sabh Chalanehaaraa Aavan Jaanaa ||	Emotional attachment to your family and everything you see is temporary, coming and going.	(ਜੋ) ਮੋਹ (ਰੂਪ) ਕੁਟੰਬ ਦਿਖਾਈ ਦੇਂਦਾ ਹੈ ਸਭ ਬਿਨਸਨਹਾਰ ਹੈ ਤੇ (ਸੰਸਾਰ ਵਿਚ) ਜੰਮਣ ਮਰਨ (ਦਾ ਕਾਰਨ ਬਣਦਾ ਹੈ)।
14012	305	ਜੋ ਬਿਨੁ ਸਚੇ ਹੋਰਤੁ ਚਿਤੁ ਲਾਇਦੇ ਸੇ ਕੂੜਿਆਰ ਕੂੜਾ ਤਿਨ ਮਾਣਾ॥		Jo Bin Sachae Horath Chith Laaeidhae Sae Koorriaar Koorraa Thin Maanaa ||	Those who attach their consciousness to anything except the True Lord are false, and false is their pride.	(ਇਸ ਕਰਕੇ) ਸੱਚੇ ਹਰੀ ਤੋਂ ਬਿਨਾ ਜੋ ਮਨੁੱਖ ਕਿਸੇ ਹੋਰ ਨਾਲ ਮਨ ਜੋੜਦੇ ਹਨ ਉਹ ਕੂੜ ਦੇ ਵਪਾਰੀ ਹਨ, ਤੇ ਉਹਨਾਂ ਦਾ (ਇਸ ਤੇ) ਮਾਣ ਝੂਠਾ ਹੈ।

14013	305	ਨਾਨਕ ਸਚੁ ਧਿਆਇ ਤੂ ਬਿਨੁ ਸਚੇ ਪਚਿ ਪਚਿ ਮੁਏ ਅਜਾਣਾ॥੧੦॥	(:ਪੋਲੇ ਬੋਲੋ ਪਚਿ ਪਚਿ) ਸੜ ਸੜ	Naanak Sach Dhhiaae Thoo Bin Sachae Pach Pach Mueae Ajaanaa ||10||	O Nanak, meditate on the True Lord; without the True Lord, the ignorant rot away and putrefy to death. ||10||	ਹੇ ਨਾਨਕ! ਸੱਚੇ ਪ੍ਰਭੂ ਦਾ ਸਿਮਰਨ ਕਰ, (ਕਿਉਂਕਿ) ਸੱਚੇ ਤੋਂ ਵਾਂਜੇ ਹੋਏ ਮੂਰਖ ਜੀਵ ਦੁਖੀ ਹੋ ਕੇ ਆਤਮਕ ਮੌਤ ਸਹੇੜੀ ਰੱਖਦੇ ਹਨ ॥੧੦॥
14014	305	ਸਲੋਕ ਮਃ ੪॥		Salok Ma 4 ||	Shalok, Fourth Mehl:	
14015	305	ਅਗੋਦੇ ਸਤਭਾਉ ਨ ਦਿਚੈ ਪਿਛੋਦੇ ਆਖਿਆ ਕੰਮਿ ਨ ਆਵੈ॥	(ਸਤਭਾਉ) ਨਿਸਚਾ ਸੱਚਾ ਪ੍ਰੇਮ। (ਦਿੱਚੈ) ਦਿੰਦਾ। ਅੱਗੋਂ-ਦੇ ਪਿੱਛੋਂ-ਦੇ	Ago Dhae Sath Bhaao N Dhichai Pishho Dhae Aakhiaa Kanm N Aavai ||	At first, he did not show respect to the Guru; later, he offered excuses, but it is no use.	ਮਨ ਦਾ ਮੁਰੀਦ ਮਨੁੱਖ ਪਹਿਲਾਂ ਤਾਂ (ਗੁਰੂ ਦੇ ਬਚਨਾਂ ਨੂੰ) ਆਦਰ ਨਹੀਂ ਦੇਂਦਾ, ਪਿਛੋਂ ਉਸ ਦੇ ਆਖਣ ਦਾ ਕੋਈ ਲਾਭ ਨਹੀਂ ਹੁੰਦਾ।
14016	305	ਅਧ ਵਿਚਿ ਫਿਰੈ ਮਨਮੁਖੁ ਵੇਚਾਰਾ ਗਲੀ ਕਿਉ ਸੁਖੁ ਪਾਵੈ॥	ਅੱਧ ਗੱਲੀਂ	Adhh Vich Firai Manamukh Vaechaaraa Galee Kio Sukh Paavai ||	The wretched, self-willed manmukhs wander around and are stuck mid-way; how can they find peace by mere words?	ਉਹ ਅਭਾਗਾ ਦੁਚਿੱਤਾ-ਪਨ ਵਿਚ ਹੀ ਭਟਕਦਾ ਹੈ (ਜੇ ਸ਼ਰਧਾ ਪਿਆਰ ਨਾ ਹੋਵੇ ਤਾਂ) ਨਿਰੀਆਂ ਗੱਲਾਂ ਕਰ ਕੇ ਕਿਵੇਂ ਸੁਖ ਮਿਲ ਜਾਏ?
14017	305	ਜਿਸੁ ਅੰਦਰਿ ਪ੍ਰੀਤਿ ਨਹੀ ਸਤਿਗੁਰ ਕੀ ਸੁ ਕੂੜੀ ਆਵੈ ਕੂੜੀ ਜਾਵੈ॥		Jis Andhar Preeth Nehee Sathigur Kee S Koorree Aavai Koorree Jaavai ||	Those who have no love for the True Guru within their hearts come with falsehood, and leave with falsehood.	ਜਿਸ ਦੇ ਹਿਰਦੇ ਵਿਚ ਸਤਿਗੁਰੂ ਦਾ ਪਿਆਰ ਨਹੀਂ, ਉਹ ਲੋਕਾਚਾਰੀ (ਗੁਰੂ-ਦਰ ਤੇ) ਆਉਂਦਾ ਜਾਂਦਾ ਹੈ (ਉਸ ਦਾ ਆਉਣ ਜਾਣ ਲੋਕਾਚਾਰੀ ਹੀ ਹੈ)।

14018	305	ਜੇ ਕ੍ਰਿਪਾ ਕਰੇ ਮੇਰਾ ਹਰਿ ਪ੍ਰਭੁ ਕਰਤਾ ਤਾਂ ਸਤਿਗੁਰੁ ਪਾਰਬ੍ਰਹਮੁ ਨਦਰੀ ਆਵੈ॥		Jae Kirapaa Karae Maeraa Har Prabh Karathaa Thaan Sathigur Paarabreham Nadharee Aavai ||	When my Lord God, the Creator, grants His Grace, then they come to see the True Guru as the Supreme Lord God.	ਜੇ ਮੇਰਾ ਸਿਰਜਣਹਾਰ-ਪ੍ਰਭੂ ਮਿਹਰ ਕਰੇ ਤਾਂ (ਉਸ ਮਨੁੱਖ ਨੂੰ ਭੀ) ਦਿੱਸ ਪੈਂਦਾ ਹੈ ਕਿ ਸਤਿਗੁਰੂ ਪਾਰਬ੍ਰਹਮ (ਦਾ ਰੂਪ ਹੈ।)
14019	305	ਤਾ ਅਪਿਉ ਪੀਵੈ ਸਬਦੁ ਗੁਰ ਕੇਰਾ ਸਭੁ ਕਾੜਾ ਅੰਦੇਸਾ ਭਰਮੁ ਚੁਕਾਵੈ॥	ਕਾੜਾ:ਪੋਲਾ ਬੋਲੋ। (ਕਾੜਾ) ਸਾੜਾ। (ਅੰਦੇਸਾ) ਚਿੰਤਾ	Thaa Apio Peevai Sabadh Gur Kaeraa Sabh Kaarraa Andhaesaa Bharam Chukaavai ||	Then , they drink in the Nectar, the Word of the Guru's Shabad; all burning, anxiety, and doubts are eliminated.	ਉਹ ਸਤਿਗੁਰੂ ਦਾ ਸ਼ਬਦ-ਰੂਪ ਅੰਮ੍ਰਿਤ ਪੀਂਦਾ ਹੈ ਅਤੇ ਝੋਰਾ, ਚਿੰਤਾ ਤੇ ਭਟਕਣਾ ਸਭ ਮੁਕਾ ਲੈਂਦਾ ਹੈ।
14020	305	ਸਦਾ ਅਨੰਦਿ ਰਹੈ ਦਿਨੁ ਰਾਤੀ ਜਨ ਨਾਨਕ ਅਨ ਦਿਨੁ ਹਰਿ ਗੁਣ ਗਾਵੈ॥੧॥		Sadhaa Anandh Rehai Dhin Raathee Jan Naanak Anadhin Har Gun Gaavai ||1||	They remain in ecstasy forever, day and night; O servant Nanak, they sing the Glorious Praises of the Lord, night and day. ||1||	ਹੇ ਨਾਨਕ! ਜੋ ਮਨੁੱਖ ਹਰ ਰੋਜ਼ ਪ੍ਰਭੂ ਦੇ ਗੁਣ ਗਉਂਦਾ ਹੈ ਉਹ ਦਿਨ ਰਾਤ ਸਦਾ ਸੁਖ ਵਿਚ ਰਹਿੰਦਾ ਹੈ ॥੧॥
14021	305	ਮਃ ੪॥		Ma 4 ||	Fourth Mehl:	

14022	305	ਗੁਰ ਸਤਿਗੁਰ ਕਾ ਜੋ ਸਿਖੁ ਅਖਾਏ ਸੁ ਭਲਕੇ ਉਠਿ ਹਰਿ ਨਾਮੁ ਧਿਆਵੈ॥	(ਭਲਕੇ) ਨਿੱਤ ਸਵੇਰੇ	Gur Sathigur Kaa Jo Sikh Akhaaeae S Bhalakae Outh Har Naam Dhhiaavai ||	One who calls himself a Sikh of the Guru the True Guru shall rise in the early morning hours and meditate on the Lord's Name.	ਜੋ ਮਨੁੱਖ ਸਤਿਗੁਰੂ ਦਾ (ਸੱਚਾ) ਸਿੱਖ ਅਖਵਾਂਦਾ ਹੈ (ਭਾਵ, ਜਿਸ ਨੂੰ ਲੋਕ ਸੱਚਾ ਸਿੱਖ ਆਖਦੇ ਹਨ) ਉਹ ਰੋਜ਼ ਸਵੇਰੇ ਉੱਠ ਕੇ ਹਰਿ-ਨਾਮ ਦਾ ਸਿਮਰਨ ਕਰਦਾ ਹੈ।
14023	305	ਉਦਮੁਕਰੇ ਭਲਕੇ ਪਰਭਾਤੀ ਇਸਨਾਨੁ ਕਰੇ ਅੰਮ੍ਰਿਤ ਸਰਿ ਨਾਵੈ॥	ਭਲਕੇ:ਪੋਲਾ ਬੋਲੋ। (ਭਲਕੇ)ਹਮੇਸ਼ਾ। (ਪਰਭਾਤੀ) ਅੰਮ੍ਰਿਤ-ਵੇਲੇ। ਨ੍ਹਾਵੈ	Oudham Karae Bhalakae Parabhaathee Eisanaan Karae Anmrith Sar Naavai ||	Upon arising early in the morning, he is to bathe, and cleanse himself in the pool of nectar.	ਹਰ ਰੋਜ਼ ਸਵੇਰੇ ਉੱਦਮ ਕਰਦਾ ਹੈ, ਇਸ਼ਨਾਨ ਕਰਦਾ ਹੈ (ਤੇ ਫਿਰ ਨਾਮ-ਰੂਪ) ਅੰਮ੍ਰਿਤ ਦੇ ਸਰੋਵਰ ਵਿਚ ਟੁੱਭੀ ਲਾਉਂਦਾ ਹੈ।
14024	305	ਉਪਦੇਸਿ ਗੁਰੂ ਹਰਿ ਹਰਿ ਜਪੁ ਜਾਪੈ ਸਭਿ ਕਿਲਵਿਖ ਪਾਪ ਦੋਖ ਲਹਿ ਜਾਵੈ॥	(ਕਿਲਵਿਖ) ਅਪਰਾਧ	Oupadhaes Guroo Har Har Jap Jaapai Sabh Kilavikh Paap Dhokh Lehi Jaavai ||	Following the Instructions of the Guru, he is to chant the Name of the Lord, Har, Har. All sins, misdeeds and negativity shall be erased.	ਸਤਿਗੁਰੂ ਦੇ ਉਪਦੇਸ਼ ਦੁਆਰਾ ਪ੍ਰਭੂ ਦੇ ਨਾਮ ਦਾ ਜਾਪ ਜਪਦਾ ਹੈ ਤੇ (ਇਸ ਤਰ੍ਹਾਂ) ਉਸ ਦੇ ਸਾਰੇ ਪਾਪ-ਵਿਕਾਰ ਲਹਿ ਜਾਂਦੇ ਹਨ।

14025	305	ਫਿਰਿ ਚੜੈ ਦਿਵਸੁ ਗੁਰਬਾਣੀ ਗਾਵੈ ਬਹਦਿਆ ਉਠਦਿਆ ਹਰਿ ਨਾਮੁ ਧਿਆਵੈ॥		Fir Charrai Dhivas Gurabaanee Gaavai Behadhiaa Outhadhiaa Har Naam Dhhiaavai ||	Then, at the rising of the sun, he is to sing Gurbani; whether sitting down or standing up, he is to meditate on the Lord's Name.	ਫਿਰ ਦਿਨ ਚੜ੍ਹੇ ਸਤਿਗੁਰੂ ਦੀ ਬਾਣੀ ਦਾ ਕੀਰਤਨ ਕਰਦਾ ਹੈ ਤੇ (ਦਿਹਾੜੀ) ਬਹਿੰਦਿਆਂ ਉੱਠਦਿਆਂ (ਭਾਵ, ਕਾਰ-ਕਿਰਤ ਕਰਦਿਆਂ) ਪ੍ਰਭੂ ਦਾ ਨਾਮ ਸਿਮਰਦਾ ਹੈ।
14026	305	ਜੋ ਸਾਸਿ ਗਿਰਾਸਿ ਧਿਆਏ ਮੇਰਾ ਹਰਿ ਹਰਿ ਸੋ ਗੁਰਸਿਖੁ ਗੁਰੂ ਮਨਿ ਭਾਵੈ॥		Jo Saas Giraas Dhhiaaeae Maeraa Har Har So Gurasikh Guroo Man Bhaavai ||	One who meditates on my Lord, Har, Har, with every breath and every morsel of food - that GurSikh becomes pleasing to the Guru's Mind.	ਸਤਿਗੁਰੂ ਦੇ ਮਨ ਵਿਚ ਉਹ ਸਿੱਖ ਚੰਗਾ ਲੱਗਦਾ ਹੈ ਜੋ ਪਿਆਰੇ ਪ੍ਰਭੂ ਨੂੰ ਹਰ ਦਮ ਯਾਦ ਕਰਦਾ ਹੈ।
14027	306	ਜਿਸ ਨੋ ਦਇਆਲੁ ਹੋਵੈ ਮੇਰਾ ਸੁਆਮੀ ਤਿਸੁ ਗੁਰਸਿਖ ਗੁਰੂ ਉਪਦੇਸੁ ਸੁਣਾਵੈ॥		Jis No Dhaeiaal Hovai Maeraa Suaamee This Gurasikh Guroo Oupadhaes Sunaavai ||	That person, unto whom my Lord and Master is kind and compassionate - upon that GurSikh, the Guru's Teachings are bestowed.	ਜਿਸ ਤੇ ਪਿਆਰਾ ਪ੍ਰਭੂ ਦਿਆਲ ਹੁੰਦਾ ਹੈ, ਉਸ ਗੁਰਸਿੱਖ ਨੂੰ ਸਤਿਗੁਰੂ ਸਿੱਖਿਆ ਦੇਂਦਾ ਹੈ।

14028	306	ਜਨੁ ਨਾਨਕੁ ਧੂੜਿ ਮੰਗੈ ਤਿਸੁ ਗੁਰਸਿਖ ਕੀ ਜੋ ਆਪਿ ਜਪੈ ਅਵਰਹ ਨਾਮੁ ਜਪਾਵੈ॥੨॥		Jan Naanak Dhhoorr Mangai This Gurasikh Kee Jo Aap Japai Avareh Naam Japaavai ||2||	Servant Nanak begs for the dust of the feet of that GurSikh, who himself chants the Naam, and inspires others to chant it. ||2||	ਦਾਸ ਨਾਨਕ (ਭੀ) ਉਸ ਗੁਰਸਿੱਖ ਦੀ ਚਰਨ-ਧੂੜ ਮੰਗਦਾ ਹੈ ਜੋ ਆਪ ਨਾਮ ਜਪਦਾ ਹੈ ਤੇ ਹੋਰਨਾਂ ਨੂੰ ਜਪਾਉਂਦਾ ਹੈ ॥੨॥
14029	306	ਪਉੜੀ॥		Pourree ||	Pauree:	
14030	306	ਜੋ ਤੁਧੁ ਸਚੁ ਧਿਆਇਦੇ ਸੇ ਵਿਰਲੇ ਥੋੜੇ॥		Jo Thudhh Sach Dhhiaaeidhae Sae Viralae Thhorrae ||	Those who meditate on You, O True Lord - they are very rare.	ਹੇ ਸੱਚੇ ਪ੍ਰਭੂ! ਉਹ ਬਹੁਤ ਥੋਹੜੇ ਜੀਵ ਹਨ, ਜੋ (ਇਕਾਗਰ ਚਿੱਤ) ਤੇਰਾ ਸਿਮਰਨ ਕਰਦੇ ਹਨ।
14031	306	ਜੋ ਮਨਿ ਚਿਤਿ ਇਕੁ ਅਰਾਧਿਦੇ ਤਿਨ ਕੀ ਬਰਕਤਿ ਖਾਹਿ ਅਸੰਖ ਕਰੋੜੇ॥	ਬਰ-ਕਤਿ	Jo Man Chith Eik Araadhhadhae Thin Kee Barakath Khaahi Asankh Karorrae ||	Those who worship and adore the One Lord in their conscious minds - through their generosity, countless millions are fed.	ਪੂਰਨ ਇਕਾਗ੍ਰਤਾ ਵਿਚ ਜੋ ਮਨੁੱਖ ਇੱਕ ਦਾ ਅਰਾਧਨ ਕਰਦੇ ਹਨ, ਉਹਨਾਂ ਦੀ ਕਮਾਈ ਬੇਅੰਤ ਜੀਵ ਖਾਂਦੇ ਹਨ।
14032	306	ਤੁਧੁਨੋ ਸਭ ਧਿਆਇਦੀ ਸੇ ਥਾਇ ਪਏ ਜੋ ਸਾਹਿਬ ਲੋੜੇ॥		Thudhhuno Sabh Dhhiaaeidhee Sae Thhaae Peae Jo Saahib Lorrae ||	All meditate on You, but they alone are accepted, who are pleasing to their Lord and Master.	ਹੇ ਹਰੀ! (ਉਂਞ ਤਾਂ) ਸਾਰੀ ਸ੍ਰਿਸ਼ਟੀ ਤੇਰਾ ਧਿਆਨ ਧਰਦੀ ਹੈ, ਪਰ ਪਰਵਾਨ ਉਹ ਹੁੰਦੇ ਹਨ ਜਿਨ੍ਹਾਂ ਨੂੰ ਤੂੰ ਮਾਲਕ ਪਸੰਦ ਕਰਦਾ ਹੈਂ।

14033	306	ਜੋ ਬਿਨੁ ਸਤਿਗੁਰ ਸੇਵੇ ਖਾਦੇ ਪੈਨਦੇ ਸੇ ਮੁਏ ਮਰਿ ਜੰਮੇ ਕੋੜ੍ਹੇ॥	ਖਾਂਦੇ ਪੈਨ੍ਦੇ	Jo Bin Sathigur Saevae Khaadhae Painadhae Sae Mueae Mar Janmae Korrhae ||	Those who eat and dress without serving the True Guru die; after death, those wretched lepers are consigned to reincarnation.	ਸਤਿਗੁਰੂ ਦੀ ਸੇਵਾ ਤੋਂ ਸੱਖਣੇ ਰਹਿ ਕੇ ਜੋ ਮਨੁੱਖ ਖਾਣ ਪੀਣ ਤੇ ਪੈਨਣ ਦੇ ਰਸਾਂ ਵਿਚ ਲੱਗੇ ਹੋਏ ਹਨ, ਉਹ ਕੋੜ੍ਹੇ ਮੁੜ ਮੁੜ ਜੰਮਦੇ ਹਨ।
14034	306	ਓਇ ਹਾਜਰੁ ਮਿਠਾ ਬੋਲਦੇ ਬਾਹਰਿ ਵਿਸੁ ਕਢਹਿ ਮੁਖਿ ਘੋਲੇ॥	(ਹਾਜਰੁ) ਸਾਹਮਣੇ। ਮਿੱਠਾ। ਵਿਸੁ: ਪੋਲਾ ਬੋਲੋ	Oue Haajar Mithaa Boladhae Baahar Vis Kadtehi Mukh Gholae ||	In His Sublime Presence, they talk sweetly, but behind His back, they exude poison from their mouths.	ਇਹੋ ਜਿਹੇ ਮਨੁੱਖ ਸਾਹਮਣੇ (ਤਾਂ) ਮਿੱਠੀਆਂ ਗੱਲਾਂ ਕਰਦੇ ਹਨ (ਪਰ) ਪਿਛੋਂ ਮੂੰਹ ਵਿਚੋਂ ਵਿਹੁ ਘੋਲ ਕੇ ਕੱਢਦੇ ਹਨ (ਭਾਵ, ਰੱਜ ਕੇ ਨਿੰਦਾ ਕਰਦੇ ਹਨ)।
14035	306	ਮਨਿ ਖੋਟੇ ਦਯਿ ਵਿਛੋੜੇ॥੧੧॥	ਦ-ਯਿ: ਦ ਮੁਕਤਾ, ਯਿ ਸਿਹਾਰੀ ਸਹਿਤ, ਤਾਲੂ ਤੋਂ ਬੋਲੋ	Man Khottae Dhay Vishhorrae ||11||	The evil-minded are consigned to separation from the Lord. ||11||	ਇਹੋ ਜਿਹੇ ਮਨੋਂ ਖੋਟਿਆਂ ਨੂੰ ਖਸਮ ਨੇ (ਆਪਣੇ ਨਾਲੋਂ) ਵਿਛੋੜ ਦਿੱਤਾ ਹੈ ॥੧੧॥
14036	306	ਸਲੋਕ ਮਃ ੪॥		Salok Ma 4 ||	Shalok, Fourth Mehl:	
14037	306	ਮਲੁ ਜੂਈ ਭਰਿਆ ਨੀਲਾ ਕਾਲਾ ਖਿਧੋਲੜਾ ਤਿਨਿ ਵੇਮੁਖਿ ਵੇਮੁਖੈ ਨੋ ਪਾਇਆ॥	(ਜੂਈ) ਜੂਆਂ। (ਖਿਧੋ-ਲੜਾ) ਜੁੱਲਾ ਕਾਲੇ ਰੰਗ ਦਾ ਜੋ ਰਾਜੇ ਪਾਸ ਸ਼ਕਾਇਤ ਕਰਨ ਜਾਣ ਸਮੇਂ ਪਹਿਨਦੇ ਹਨ	Mal Jooee Bhariaa Neelaa Kaalaa Khidhholarraa Thin Vaemukh Vaemukhai No Paaeiaa ||	The faithless baymukh sent out his faithless servant, wearing a blue-black coat, filled with filth and vermin.	ਮਲ ਤੇ ਜੂਆਂ ਨਾਲ ਭਰਿਆ ਹੋਇਆ ਨੀਲਾ ਤੇ ਕਾਲਾ ਜੁੱਲਾ ਉਸ ਬੇ-ਮੁਖ ਨੇ ਬੇ-ਮੁਖ ਨੂੰ ਪਾ ਦਿੱਤਾ,

14038	306	ਪਾਸਿ ਨ ਦੇਈ ਕੋਈ ਬਹਣਿ ਜਗਤ ਮਹਿ ਗੂਹ ਪੜਿ ਸਗਵੀ ਮਲੁ ਲਾਇ ਮਨਮੁਖੁ ਆਇਆ॥	(ਗੂਹ) ਗੰਦ। (ਸਗਵੀ) ਸਗੋਂ ਜ਼ਿਆਦਾ। ਪੜਿ ੜ ਹਲੰਤ ਨ ਲਾਉ	Paas N Dhaeee Koee Behan Jagath Mehi Gooh Parr Sagavee Mal Laae Manamukh Aaeiaa ||	No one in the world will sit near him; the self-willed manmukh fell into manure, and returned with even more filth covering him.	ਸੰਸਾਰ ਵਿਚ ਉਸ ਨੂੰ ਕੋਈ ਕੋਲ ਬਹਿਣ ਨਹੀਂ ਦੇਂਦਾ, ਗੰਦ ਪੈ ਕੇ ਸਗੋਂ ਬਹੁਤੀ ਮੈਲ ਲਾ ਕੇ ਮਨਮੁਖ (ਵਾਪਸ) ਆਇਆ।
14039	306	ਪਰਾਈ ਜੋ ਨਿੰਦਾ ਚੁਗਲੀ ਨੋ ਵੇਮੁਖੁ ਕਰਿ ਕੈ ਭੇਜਿਆ ਓਥੈ ਭੀ ਮੁਹੁ ਕਾਲਾ ਦੁਹਾ ਵੇਮੁਖਾ ਦਾ ਕਰਾਇਆ॥		Paraaee Jo Nindhaa Chugalee No Vaemukh Kar Kai Bhaejiaa Outhhai Bhee Muhu Kaalaa Dhuhaa Vaemukhaa Dhaa Karaaeiaa ||	The faithless baymukh was sent to slander and back-bite others, but when he went there, the faces of both he and his faithless master were blackened instead.	ਜੋ ਮਨਮੁਖ ਪਰਾਈ ਨਿੰਦਾ ਤੇ ਚੁਗਲੀ ਕਰਨ ਲਈ (ਸਾਲਾਹ) ਕਰ ਕੇ ਭੇਜਿਆ ਗਿਆ ਸੀ, ਉਥੇ ਭੀ ਦੋਹਾਂ ਦਾ ਮੂੰਹ ਕਾਲਾ ਕੀਤਾ ਗਿਆ।

14040	306	ਤੜ ਸੁਣਿਆ ਸਭਤੁ ਜਗਤ ਵਿਚਿ ਭਾਈ ਵੇਮੁਖੁ ਸਨੈ ਨਫਰੈ ਪਉਲੀ ਪਉਦੀ ਫਾਵਾ ਹੋਇ ਕੈ ਉਠਿ ਘਰਿ ਆਇਆ॥	(ਤੜ) ਛੇਤੀ। (ਨਫਰੈ) ਨੌਕਰ। (ਪਉੱਲੀ) ਜੁੱਤੀਆਂ। (ਫਾਵਾ) ਕਮਲ਼ਾ	Tharr Suniaa Sabhath Jagath Vich Bhaaee Vaemukh Sanai Nafarai Poulee Poudhee Faavaa Hoe Kai Outh Ghar Aaeiaa ||	It was immediately heard throughout the whole world, O Siblings of Destiny, that this faithless man, along with his servant, was kicked and beaten with shoes; in humiliation, they got up and returned to their homes.	ਸੰਸਾਰ ਵਿਚ ਸਭਨੀਂ ਪਾਸੀਂ ਤੁਰਤ ਸੁਣਿਆ ਗਿਆ ਕਿ ਹੇ ਭਾਈ! ਬੇਮੁਖ ਨੂੰ ਨੌਕਰ ਸਮੇਤ ਜੁੱਤੀਆਂ ਪਈਆਂ ਤੇ ਚੰਗਾ ਹੌਲਾ ਹੋ ਕੇ ਘਰ ਨੂੰ ਉੱਠ ਆਇਆ ਹੈ।
14041	306	ਅਗੈ ਸੰਗਤੀ ਕੁੜਮੀ ਵੇਮੁਖੁ ਰਲਣਾ ਨ ਮਿਲੈ ਤਾ ਵਹੁਟੀ ਭਤੀਜੀ ਫਿਰਿ ਆਣਿ ਘਰਿ ਪਾਇਆ॥	ਸੰਗਤੀਂ	Agai Sangathee Kurramee Vaemukh Ralanaa N Milai Thaa Vahuttee Bhatheejanaee Fir Aan Ghar Paaeiaa ||	The faithless baymukh was not allowed to mingle with others; his wife and niece then brought him home to lie down.	ਅੱਗੋਂ ਸੰਗਤਾਂ ਤੇ ਕੁੜਮਾਂ (ਭਾਵ, ਸਾਕਾਂ ਅੰਗਾਂ) ਵਿਚ ਬੇਮੁਖ ਨੂੰ ਬਹਿਣਾ ਨਾ ਮਿਲੇ, ਤਾਂ ਫਿਰ ਵਹੁਟੀ ਤੇ ਭਤੀਜਿਆਂ ਨੇ ਲਿਆ ਕੇ ਘਰ ਵਿਚ ਟਿਕਾਣਾ ਦਿੱਤਾ।
14042	306	ਹਲਤੁ ਪਲਤੁ ਦੋਵੈ ਗਏ ਨਿਤ ਭੁਖਾ ਕੂਕੇ ਤਿਹਾਇਆ॥		Halath Palath Dhovai Geae Nith Bhukhaa Kookae Thihaaeiaa ||	He has lost both this world and the next; he cries out continually, in hunger and thirst.	ਉਸ ਦੇ ਲੋਕ ਪਰਲੋਕ ਦੋਵੇਂ ਅਜਾਈਂ ਗਏ ਤੇ (ਹੁਣ) ਭੁੱਖਾ ਤੇ ਤਿਹਾਇਆ ਕੂਕਦਾ ਹੈ।

14043	306	ਧਨੁ ਧਨੁ ਸੁਆਮੀ ਕਰਤਾ ਪੁਰਖੁ ਹੈ ਜਿਨਿ ਨਿਆਉ ਸਚੁ ਬਹਿ ਆਪਿ ਕਰਾਇਆ॥		Dhhan Dhhan Suaamee Karathaa Purakh Hai Jin Niaao Sach Behi Aap Karaaeiaa ||	Blessed, blessed is the Creator, the Primal Being, our Lord and Master; He Himself sits and dispenses true justice.	ਧੰਨ ਸਿਰਜਣਹਾਰ ਮਾਲਕ ਹੈ ਜਿਸ ਨੇ ਆਪ ਗਹੁ ਨਾਲ ਸੱਚਾ ਨਿਆਉਂ ਕਰਾਇਆ ਹੈ,
14044	306	ਜੋ ਨਿੰਦਾ ਕਰੇ ਸਤਿਗੁਰ ਪੂਰੇ ਕੀ ਸੋ ਸਾਚੈ ਮਾਰਿ ਪਚਾਇਆ॥		Jo Nindhaa Karae Sathigur Poorae Kee So Saachai Maar Pachaaeiaa ||	One who slanders the Perfect True Guru is punished and destroyed by the True Lord.	(ਕਿ) ਜੋ ਮਨੁੱਖ ਪੂਰੇ ਸਤਿਗੁਰੂ ਦੀ ਨਿੰਦਾ ਕਰਦਾ ਹੈ, ਸੱਚਾ ਪ੍ਰਭੂ ਉਸ ਨੂੰ ਆਪ (ਆਤਮਕ ਮੌਤ) ਮਾਰ ਕੇ ਦੁਖੀ ਕਰਦਾ ਹੈ।
14045	306	ਏਹੁ ਅਖਰੁ ਤਿਨਿ ਆਖਿਆ ਜਿਨਿ ਜਗਤੁ ਸਭੁ ਉਪਾਇਆ॥੧॥	(ਅੱਖਰ) ਉਪਦੇਸ਼। ਜੱਗਤੁ	Eaehu Akhar Thin Aakhiaa Jin Jagath Sabh Oupaaeiaa ||1||	This Word is spoken by the One who created the whole universe. ||1||	(ਇਹ) ਨਿਆਂ ਦਾ ਬਚਨ ਉਸ ਪ੍ਰਭੂ ਨੇ ਆਪ ਆਖਿਆ ਹੈ ਜਿਸ ਨੇ ਸਾਰਾ ਸੰਸਾਰ ਪੈਦਾ ਕੀਤਾ ਹੈ ॥੧॥
14046	306	ਮਃ ੪॥		Ma 4 ||	Fourth Mehl:	
14047	306	ਸਾਹਿਬੁ ਜਿਸ ਕਾ ਨੰਗਾ ਭੁਖਾ ਹੋਵੈ ਤਿਸ ਦਾ ਨਫਰੁ ਕਿਥਹੁ ਰਜਿ ਖਾਏ॥	(ਨਫਰੁ) ਨੌਕਰ। ਰੱਜਿ	Saahib Jis Kaa Nangaa Bhukhaa Hovai This Dhaa Nafar Kithhahu Raj Khaaeae ||	One who has a poor beggar for a master - how can he be well-fed?	ਜਿਸ ਨੌਕਰ ਦਾ ਮਾਲਕ ਕੰਗਾਲ ਹੋਵੇ, ਉਸ ਦੇ ਨੌਕਰ ਨੇ ਕਿੱਥੋਂ ਰੱਜ ਕੇ ਖਾਣਾ ਹੋਇਆ?

14048	306	ਜਿ ਸਾਹਿਬ ਕੈ ਘਰਿ ਵਥੁ ਹੋਵੈ ਸੁ ਨਫਰੈ ਹਥਿ ਆਵੈ ਅਣਹੋਦੀ ਕਿਥਹੁ ਪਾਏ॥	ਵੱਥੁ	J Saahib Kai Ghar Vathh Hovai S Nafarai Hathh Aavai Anehodhee Kithhahu Paaeae ||	If there is something in his master's house, he can get it; but how can he get what is not there?	ਨੌਕਰ ਨੂੰ ਉਹੋ ਵਸਤ ਮਿਲ ਸਕਦੀ ਹੈ ਜੋ ਮਾਲਕ ਦੇ ਘਰ ਵਿਚ ਹੋਵੇ, ਜੇ ਘਰ ਵਿਚ ਹੀ ਨਾ ਹੋਵੇ ਤਾਂ ਉਸ ਨੂੰ ਕਿੱਥੋਂ ਮਿਲੇ?
14049	306	ਜਿਸ ਦੀ ਸੇਵਾ ਕੀਤੀ ਫਿਰਿ ਲੇਖਾ ਮੰਗੀਐ ਸਾ ਸੇਵਾ ਅਉਖੀ ਹੋਈ॥		Jis Dhee Saevaa Keethee Fir Laekhaa Mangeeai Saa Saevaa Aoukhee Hoee ||	Serving him, who will be called to answer for his account? That service is painful and useless.	ਜਿਸ ਦੀ ਸੇਵਾ ਕੀਤਿਆਂ ਫਿਰ ਭੀ ਲੇਖਾ ਮੰਗਿਆ ਜਾਣਾ ਹੋਵੇ, ਉਹ ਸੇਵਾ ਮੁਸ਼ਕਲ ਹੈ (ਭਾਵ, ਉਹਦੇ ਕਰਨ ਦਾ ਕੀਹ ਲਾਹ ਹੈ?)
14050	306	ਨਾਨਕ ਸੇਵਾ ਕਰਹੁ ਹਰਿ ਗੁਰ ਸਫਲ ਦਰਸਨ ਕੀ ਫਿਰਿ ਲੇਖਾ ਮੰਗੈ ਨ ਕੋਈ॥੨॥		Naanak Saevaa Karahu Har Gur Safal Dharasan Kee Fir Laekhaa Mangai N Koee ||2||	O Nanak, serve the Guru, the Lord Incarnate; the Blessed Vision of His Darshan is profitable, and in the end, you shall not be called to account. ||2||	ਹੇ ਨਾਨਕ! ਜਿਸ ਹਰੀ ਤੇ ਸਤਿਗੁਰੂ ਦਾ ਦਰਸ਼ਨ (ਮਨੁੱਖਾ ਜਨਮ ਨੂੰ) ਸਫਲਾ (ਕਰਦਾ) ਹੈ, ਉਹਨਾਂ ਦੀ ਸੇਵਾ ਕਰਹੁ (ਤਾਕਿ) ਫਿਰ ਕੋਈ ਲੇਖਾ ਨਾ ਮੰਗੇ ॥੨॥
14051	306	ਪਉੜੀ॥		Pourree ||	Pauree:	
14052	306	ਨਾਨਕ ਵੀਚਾਰਹਿ ਸੰਤਿ ਜਨ ਚਾਰਿ ਵੇਦ ਕਹੰਦੇ॥		Naanak Veechaarehi Santh Jan Chaar Vaedh Kehandhae ||	O Nanak, the Saints consider, and the four Vedas proclaim,	ਹੇ ਨਾਨਕ! ਸੰਤ (ਆਪਣੀ) ਵੀਚਾਰ ਦੱਸਦੇ ਹਨ ਤੇ ਚਾਰੇ ਵੇਦ (ਭਾਵ, ਪੁਰਾਤਨ ਧਰਮ ਪੁਸਤਕ ਭੀ ਇਹੀ ਗੱਲ) ਆਖਦੇ ਹਨ,

14053	306	ਭਗਤ ਮੁਖੈ ਤੇ ਬੋਲਦੇ ਸੇ ਵਚਨ ਹੋਵੰਦੇ॥		Bhagath Mukhai Thae Boladhae Sae Vachan Hovandhae ||	That whatever the Lord's devotees utter with their mouths, shall come to pass.	(ਕਿ) ਭਗਤ ਜਨ ਜੋ ਬਚਨ ਮੂੰਹੋਂ ਬੋਲਦੇ ਹਨ ਉਹ ਸਹੀ ਹੁੰਦੇ ਹਨ।
14054	306	ਪ੍ਰਗਟ ਪਹਾਰਾ ਜਾਪਦਾ ਸਭਿ ਲੋਕ ਸੁਣੰਦੇ॥	(ਪਹਾਰਾ) ਸੰਸਾਰ ਚ। (ਜਾਪਦਾ) ਜਾਣੀਦਾ	Pragatt Pehaaraa Jaapadhaa Sabh Lok Sunandhae ||	He is manifest in His cosmic workshop. All people hear of this.	(ਭਗਤ) ਸਾਰੇ ਜਗਤ ਵਿਚ ਉੱਘੇ ਹੋ ਜਾਂਦੇ ਹਨ, ਉਹਨਾਂ ਦੀ ਸੋਭਾ ਸਾਰੇ ਲੋਕ ਸੁਣਦੇ ਹਨ।
14055	306	ਸੁਖੁ ਨ ਪਾਇਨਿ ਮੁਗਧ ਨਰ ਸੰਤ ਨਾਲਿ ਖਹੰਦੇ॥		Sukh N Paaein Mugadhh Nar Santh Naal Khehandhae ||	The stubborn men who fight with the Saints shall never find peace.	ਜੋ ਮੂਰਖ ਮਨੁੱਖ (ਅਜੇਹੇ) ਸੰਤਾਂ ਨਾਲ ਵੈਰ ਕਰਦੇ ਹਨ ਉਹ ਸੁਖ ਨਹੀਂ ਪਾਂਦੇ।
14056	306	ਓਇ ਲੋਚਨਿ ਓਨਾ ਗੁਣੈ ਨੋ ਓਇ ਅਹੰਕਾਰਿ ਸੜੰਦੇ॥		Oue Lochan Ounaa Gunai No Oue Ahankaar Sarrandhae ||	The Saints seek to bless them with virtue, but they only burn in their egos.	(ਉਹ ਦੋਖੀ) ਸੜਦੇ ਤਾਂ ਅਹੰਕਾਰ ਵਿਚ ਹਨ, ਪਰ ਸੰਤ ਜਨਾਂ ਦੇ ਗੁਣਾਂ ਨੂੰ ਤਰਸਦੇ ਹਨ।
14057	306	ਓਇ ਵਿਚਾਰੇ ਕਿਆ ਕਰਹਿ ਜਾ ਭਾਗ ਧੁਰਿ ਮੰਦੇ॥		Oue Vichaarae Kiaa Karehi Jaa Bhaag Dhhur Mandhae ||	What can those wretched ones do, since, from the very beginning, their destiny is cursed with evil.	ਇਹਨਾਂ ਦੋਖੀ ਮਨੁੱਖਾਂ ਦੇ ਵੱਸ ਭੀ ਕੀਹ ਹੈ? ਮੁੱਢ ਤੋਂ (ਮੰਦੇ ਕਰਮ ਕਰਨ ਕਰਕੇ) ਮੰਦੇ ਸੰਸਕਾਰ ਹੀ ਉਹਨਾਂ ਦਾ ਭਾਗ ਹੈ (ਤੇ ਇਹਨਾਂ ਸੰਸਕਾਰਾਂ ਦੇ ਪ੍ਰੇਰੇ ਹੋਏ ਮੰਦੇ ਪਾਸੇ ਪਏ ਰਹਿੰਦੇ ਹਨ)।

14058	306	ਜੋ ਮਾਰੇ ਤਿਨਿ ਪਾਰਬ੍ਰਹਮਿ ਸੇ ਕਿਸੈ ਨ ਸੰਦੇ॥	(ਸੰਦੇ) ਦੇ	Jo Maarae Thin Paarabreham Sae Kisai N Sandhae ||	Those who are struck down by the Supreme Lord God are of no use to anyone.	ਜੋ ਮਨੁੱਖ ਰੱਬ ਵਲੋਂ ਮੋਏ ਹੋਏ ਹਨ, ਉਹ ਕਿਸੇ ਦੇ (ਸੱਕੇ) ਨਹੀਂ।
14059	306	ਵੈਰੁ ਕਰਹਿ ਨਿਰਵੈਰ ਨਾਲਿ ਧਰਮ ਨਿਆਇ ਪਚੰਦੇ॥	(ਪਚੰਦੇ) ਸੜਦੇ	Vair Karehi Niravair Naal Dhharam Niaae Pachandhae ||	Those who hate the One who has no hatred - according to the true justice of Dharma, they shall perish.	ਨਿਰਵੈਰਾਂ ਨਾਲ ਭੀ ਵੈਰ ਕਰਦੇ ਹਨ ਤੇ ਪਰਮਾਤਮਾ ਦੇ ਧਰਮ ਨਿਆਂ-ਅਨੁਸਾਰ ਦੁਖੀ ਹੁੰਦੇ ਹਨ।
14060	306	ਜੋ ਜੋ ਸੰਤਿ ਸਰਾਪਿਆ ਸੇ ਫਿਰਹਿ ਭਵੰਦੇ॥	(ਭਵੰਦੇ) ਭਟਕਦੇ	Jo Jo Santh Saraapiaa Sae Firehi Bhavandhae ||	Those who are cursed by the Saints will continue wandering aimlessly.	ਜੋ ਜੋ ਮਨੁੱਖ ਸੰਤ (ਗੁਰੂ) ਵਲੋਂ ਫਿਟਕਾਰੇ ਹੋਏ ਹਨ (ਭਾਵ, ਗੁਰੂ ਦੇ ਦਰ ਤੋਂ ਵਾਂਜੇ ਹੋਏ ਹਨ) ਉਹ ਭਟਕਦੇ ਫਿਰਦੇ ਹਨ।
14061	306	ਪੇਡੁ ਮੁੰਢਾਹੂੰ ਕਟਿਆ ਤਿਸੁ ਡਾਲ ਸੁਕੰਦੇ॥੧੨॥	(ਮੁੰਢਾਹੂੰ) ਮੁੱਢ, ਜੜੋਂ। ਸੁਕੰਦੇ	Paedd Mundtaahoon Kattiaa This Ddaal Sukandhae ||12||	When the tree is cut off at its roots, the branches wither and die. ||12||	ਜੇ ਰੁੱਖ ਮੁਢੋਂ ਪੁਟਿਆ ਜਾਏ, ਉਸ ਦੇ ਟਾਹਣ ਭੀ ਸੁੱਕ ਜਾਂਦੇ ਹਨ ॥੧੨॥
14062	306	ਸਲੋਕ ਮਃ ੪॥		Salok Ma 4 ||	Shalok Fourth Mehl:	
14063	307	ਅੰਤਰਿ ਹਰਿ ਗੁਰੂ ਧਿਆਇਦਾ ਵਡੀ ਵਡਿਆਈ॥		Anthar Har Guroo Dhhiaaeidhaa Vaddee Vaddiaaee ||	Great is the greatness of the Guru, who meditates on the Lord within.	ਸਤਿਗੁਰੂ ਦੀ ਵਡਿਆਈ ਵੱਡੀ ਹੈ (ਕਿਉਂਕਿ ਉਹ) ਹਰੀ ਨੂੰ ਹਿਰਦੇ ਵਿਚ ਸਿਮਰਦਾ ਹੈ;

14064	307	ਤੁਸਿ ਦਿਤੀ ਪੂਰੈ ਸਤਿਗੁਰੂ ਘਟੈ ਨਾਹੀ ਇਕੁ ਤਿਲੁ ਕਿਸੈ ਦੀ ਘਟਾਈ॥	ਤੁੱਸਿ। ਤਿਲੁ: ਪੋਲਾ ਬੋਲੋ	Thus Dhithee Poorai Sathiguroo Ghattai Naahee Eik Thil Kisai Dhee Ghattaaee ||	By His Pleasure, the Lord has bestowed this upon the Perfect True Guru; it is not diminished one bit by anyone's efforts.	ਪੂਰੇ ਪ੍ਰਭੂ ਨੇ ਸਤਿਗੁਰੂ ਨੂੰ ਪ੍ਰਸੰਨ ਹੋ ਕੇ (ਇਹੀ ਵਡਿਆਈ) ਬਖ਼ਸ਼ੀ ਹੈ (ਇਸ ਕਰਕੇ) ਕਿਸੇ ਦੇ ਘਟਾਇਆਂ ਰਤਾ ਭੀ ਨਹੀਂ ਘਟਦੀ।
14065	307	ਸਚੁ ਸਾਹਿਬੁ ਸਤਿਗੁਰੂ ਕੈ ਵਲਿ ਹੈ ਤਾਂ ਝਖਿ ਝਖਿ ਮਰੈ ਸਭ ਲੋਕਾਈ॥	ਵੱਲਿ। (:ਪੋਲੇ ਬੋਲੋ ਝਖਿ ਝਖਿ) ਖਪ ਖਪ	Sach Saahib Sathiguroo Kai Val Hai Thaan Jhakh Jhakh Marai Sabh Luokaaee ||	The True Lord and Master is on the side of the True Guru; and so, all those who oppose Him waste away to death in anger, envy and conflict.	ਜਦੋਂ ਸੱਚਾ ਖਸਮ ਪ੍ਰਭੂ ਸਤਿਗੁਰੂ ਦਾ ਅੰਗ ਪਾਲਦਾ ਹੈ, ਤਾਂ ਸਾਰੀ ਦੁਨੀਆ (ਭਾਵੇਂ) ਪਈ ਝਖਾਂ ਮਾਰੇ (ਸਤਿਗੁਰੂ ਦਾ ਕੁਝ ਵਿਗਾੜ ਨਹੀਂ ਸਕਦੀ।)
14066	307	ਨਿੰਦਕਾ ਕੇ ਮੁਹ ਕਾਲੇ ਕਰੇ ਹਰਿ ਕਰਤੈ ਆਪਿ ਵਧਾਈ॥		Nindhakaa Kae Muh Kaalae Karae Har Karathai Aap Vadhhaaee ||	The Lord, the Creator, blackens the faces of the slanderers, and increases the glory of the Guru.	ਸਤਿਗੁਰੂ ਦੀ ਵਡਿਆਈ ਸਿਰਜਣਹਾਰ ਨੇ ਆਪ ਵਧਾਈ ਹੈ ਤੇ ਦੋਖੀਆਂ ਦੇ ਮੂੰਹ ਕਾਲੇ ਕੀਤੇ ਹਨ।
14067	307	ਜਿਉ ਜਿਉ ਨਿੰਦਕ ਨਿੰਦ ਕਰਹਿ ਤਿਉ ਤਿਉ ਨਿਤ ਨਿਤ ਚੜੈ ਸਵਾਈ॥	ਚੜ੍ਹੈ	Jio Jio Nindhak Nindh Karehi Thio Thio Nith Nith Charrai Savaaee ||	As the slanderers spread their slander, so does the Guru's glory increase day by day.	ਜਿਉਂ ਜਿਉਂ ਨਿੰਦਕ ਮਨੁੱਖ ਸਤਿਗੁਰੂ ਦੀ ਨਿੰਦਾ ਕਰਦੇ ਹਨ, ਤਿਉਂ ਤਿਉਂ ਸਤਿਗੁਰੂ ਦੀ ਵਡਿਆਈ ਵਧਦੀ ਹੈ।

14068	307	ਜਨ ਨਾਨਕ ਹਰਿ ਆਰਾਧਿਆ ਤਿਨਿ ਪੈਰੀ ਆਣਿ ਸਭ ਪਾਈ॥੧॥		Jan Naanak Har Aaraadhhiaa Thin Pairee Aan Sabh Paaee ||1||	Servant Nanak worships the Lord, who makes everyone fall at His Feet. ||1||	ਹੇ ਦਾਸ ਨਾਨਕ! (ਸਤਿਗੁਰੂ ਨੇ ਜਿਸ) ਪ੍ਰਭੂ ਦਾ ਸਿਮਰਨ ਕੀਤਾ ਹੈ, ਉਸ (ਪ੍ਰਭੂ) ਨੇ ਸਾਰੀ ਲੁਕਾਈ ਲਿਆ ਕੇ ਸਤਿਗੁਰੂ ਦੇ ਪੈਰਾਂ ਤੇ ਪਾ ਦਿੱਤੀ ਹੈ ॥੧॥
14069	307	ਮਃ ੪॥		Ma 4 ||	Fourth Mehl:	
14070	307	ਸਤਿਗੁਰ ਸੇਤੀ ਗਣਤ ਜਿ ਰਖੈ ਹਲਤੁ ਪਲਤੁ ਸਭੁ ਤਿਸ ਕਾ ਗਇਆ॥	(ਗਣਤ) ਵੈਰ	Sathigur Saethee Ganath J Rakhai Halath Palath Sabh This Kaa Gaeiaa ||	One who enters into a calculated relationship with the True Guru loses everything, this world and the next.	ਜੋ ਮਨੁੱਖ ਸਤਿਗੁਰੂ ਨਾਲ ਕਿੜ ਰੱਖਦਾ ਹੈ, ਉਸ ਦਾ ਲੋਕ ਤੇ ਪਰਲੋਕ ਸਮੁੱਚੇ ਹੀ ਵਿਅਰਥ ਜਾਂਦੇ ਹਨ।
14071	307	ਨਿਤ ਝਹੀਆ ਪਾਏ ਝਗੂ ਸੁਟੇ ਝਖਦਾ ਝਖਦਾ ਝੜਿ ਪਇਆ॥	(ਝਹੀਆਂ) ਕਚੀਚੀਆਂ ਲੈਂਦਾ। (ਝੱਗੂ) ਝੱਗ। ਝਖਦਾ:ਪੋਲਾ ਬੋਲੋ। (ਝਖਦਾ) ਖਪਦਾ। (ਝੜਿ) ਡਿੱਗ। ਸੁੱਟੇ। ਪ-ਇਆ	Nith Jheheeaa Paaeae Jhagoo Suttae Jhakhadhaa Jhakhadhaa Jharr Paeiaa ||	He grinds his teeth continually and foams at the mouth; screaming in anger, he perishes.	(ਉਸ ਦੀ ਪੇਸ਼ ਤਾਂ ਜਾਂਦੀ ਨਹੀਂ, ਇਸ ਕਰਕੇ ਉਹ) ਸਦਾ ਕਚੀਚੀਆਂ ਵੱਟਦਾ ਹੈ ਤੇ ਦੰਦ ਪੀਂਹਦਾ ਹੈ (ਤੇ ਅੰਤ ਨੂੰ) ਖਪਦਾ ਖਪਦਾ ਨਸ਼ਟ ਹੋ ਜਾਂਦਾ ਹੈ (ਆਤਮਕ ਮੌਤ ਸਹੇੜ ਲੈਂਦਾ ਹੈ)।

14072	307	ਨਿਤ ਉਪਾਵ ਕਰੈ ਮਾਇਆ ਧਨ ਕਾਰਣਿ ਅਗਲਾ ਧਨੁ ਭੀ ਉਡਿ ਗਇਆ॥	ਗਇਆ	Nith Oupaav Karai Maaeiaa Dhhan Kaaran Agalaa Dhhan Bhee Oudd Gaeiaa ||	He continually chases after Maya and wealth, but even his own wealth flies away.	(ਸਤਿਗੁਰੂ ਦਾ ਉਹ ਦੋਖੀ) ਸਦਾ ਮਾਇਆ ਲਈ ਵਿਓਂਤਾਂ ਕਰਦਾ ਹੈ, ਪਰ ਉਸ ਦਾ ਅਗਲਾ (ਕਮਾਇਆ ਹੋਇਆ) ਭੀ ਹੱਥੋਂ ਜਾਂਦਾ ਰਹਿੰਦਾ ਹੈ।
14073	307	ਕਿਆ ਓਹੁ ਖਟੇ ਕਿਆ ਓਹੁ ਖਾਵੈ ਜਿਸੁ ਅੰਦਰਿ ਸਹਸਾ ਦੁਖੁ ਪਇਆ॥	ਖੱਟੇ। ਪ-ਇਆ	Kiaa Ouhu Khattae Kiaa Ouhu Khaavai Jis Andhar Sehasaa Dhukh Paeiaa ||	What shall he earn, and what shall he eat? Within his heart, there is only cynicism and pain.	ਜਿਸ ਮਨੁੱਖ ਦੇ ਹਿਰਦੇ ਵਿਚ ਝੋਰਾ ਤੇ ਸਾੜਾ ਹੋਵੇ, ਉਸ ਨੇ ਖੱਟਣਾ ਕੀਹ ਤੇ ਖਾਣਾ ਕੀਹ? (ਭਾਵ, ਉਹ ਨਾ ਕੁਝ ਖੱਟ ਸਕਦਾ ਹੈ ਤੇ ਨਾ ਖੱਟੇ ਹੋਏ ਦਾ ਆਨੰਦ ਲੈ ਸਕਦਾ ਹੈ)।
14074	307	ਨਿਰਵੈਰੈ ਨਾਲਿ ਜਿ ਵੈਰੁ ਰਚਾਏ ਸਭੁ ਪਾਪੁ ਜਗਤੈ ਕਾ ਤਿਨਿ ਸਿਰਿ ਲਇਆ॥	ਜੱਗ-ਤੈ। ਲ-ਇਆ	Niravairai Naal J Vair Rachaaeae Sabh Paap Jagathai Kaa Thin Sir Laeiaa ||	One who hates the One who has no hatred, shall bear the load of all the sins of the world on his head.	ਜੋ ਮਨੁੱਖ ਨਿਰਵੈਰ ਨਾਲ ਵੈਰ ਕਰਦਾ ਹੈ ਉਹ ਸਾਰੇ ਸੰਸਾਰ ਦੇ ਪਾਪਾਂ (ਦਾ ਭਾਰ) ਆਪਣੇ ਸਿਰ ਤੇ ਲੈਂਦਾ ਹੈ,

14075	307	ਓਸੁ ਅਗੈ ਪਿਛੈ ਢੋਈ ਨਾਹੀ ਜਿਸੁ ਅੰਦਰਿ ਨਿੰਦਾ ਮੁਹਿ ਅੰਬੁ ਪਇਆ॥	(ਢੋਈ) ਆਸਰਾ। (ਅੰਬੁ) ਮੂੰਹ ਦਾ ਰੋਗ, ਮਿਠਾਸ	Ous Agai Pishhai Dtoee Naahee Jis Andhar Nindhaa Muhi Anb Paeiaa ||	He shall find no shelter here or hereafter; his mouth blisters with the slander in his heart.	ਉਸ ਨੂੰ ਲੋਕ ਪਰਲੋਕ ਵਿਚ ਕੋਈ ਆਸਰਾ ਨਹੀਂ ਦੇਂਦਾ। ਜਿਸ ਦੇ ਹਿਰਦੇ ਵਿਚ ਤਾਂ ਨਿੰਦਾ ਹੋਵੇ, ਪਰ ਮੂੰਹ ਵਿਚ ਅੰਬ ਪਿਆ ਹੋਵੇ (ਭਾਵ, ਜੋ ਮੂੰਹੋਂ ਮਿੱਠਾ ਬੋਲੇ),
14076	307	ਜੇ ਸੁਇਨੇ ਨੋ ਓਹੁ ਹਥੁ ਪਾਏ ਤਾ ਖੇਹੂ ਸੇਤੀ ਰਲਿ ਗਇਆ॥		Jae Sueinae No Ouhu Hathh Paaeae Thaa Khaehoo Saethee Ral Gaeiaa ||	If gold comes into his hands, it turns to dust.	ਇਹੋ ਜਿਹਾ ਖੋਟਾ ਮਨੁੱਖ ਜੇ ਸੋਨੇ ਨੂੰ ਹੱਥ ਪਾਏ ਉਹ ਭੀ ਸੁਆਹ ਨਾਲ ਰਲ ਜਾਂਦਾ ਹੈ।
14077	307	ਜੇ ਗੁਰ ਕੀ ਸਰਣੀ ਫਿਰਿ ਓਹੁ ਆਵੈ ਤਾ ਪਿਛਲੇ ਅਉਗਣ ਬਖਸਿ ਲਇਆ॥		Jae Gur Kee Saranee Fir Ouhu Aavai Thaa Pishhalae Aougan Bakhas Laeiaa ||	But if he should come again to the Sanctuary of the Guru, then even his past sins shall be forgiven.	ਫਿਰ ਭੀ (ਭਾਵ, ਇਹੋ ਜਿਹਾ ਪਾਪੀ ਹੁੰਦਿਆਂ ਭੀ) ਜੇ ਉਹ ਸਤਿਗੁਰੂ ਦੀ ਚਰਨੀਂ ਢਹਿ ਪਵੇ ਤਾਂ ਸਤਿਗੁਰੂ ਉਸ ਦੇ ਪਿਛਲੇ ਅਉਗੁਣਾਂ ਨੂੰ ਬਖ਼ਸ਼ ਦੇਂਦਾ ਹੈ।

14078	307	ਜਨ ਨਾਨਕ ਅਨ ਦਿਨੁ ਨਾਮੁ ਧਿਆਇਆ ਹਰਿ ਸਿਮਰਤ ਕਿਲਵਿਖ ਪਾਪ ਗਇਆ॥੨॥	ਗ-ਇਆ	Jan Naanak Anadhin Naam Dhhiaaeiaa Har Simarath Kilavikh Paap Gaeiaa ||2||	Servant Nanak meditates on the Naam, night and day. Remembering the Lord in meditation, wickedness and sins are erased. ||2||	ਹੇ ਨਾਨਕ! ਜੋ ਮਨੁੱਖ (ਸਤਿਗੁਰੂ ਦੀ ਸਰਣਿ ਪੈ ਕੇ) ਹਰ ਰੋਜ਼ ਨਾਮ ਜਪਦਾ ਹੈ, ਪ੍ਰਭੂ ਨੂੰ ਸਿਮਰਦਿਆਂ ਉਸ ਦੇ ਸਾਰੇ ਪਾਪ ਦੂਰ ਹੋ ਜਾਂਦੇ ਹਨ ॥੨॥
14079	307	ਪਉੜੀ॥		Pourree ||	Pauree:	
14080	307	ਤੂਹੈ ਸਚਾ ਸਚੁ ਤੂ ਸਭ ਦੂ ਉਪਰਿ ਤੂ ਦੀਬਾਣੁ॥		Thoohai Sachaa Sach Thoo Sabh Dhoo Oupar Thoo Dheebaan ||	You are the Truest of the True; Your Regal Court is the most exalted of all.	(ਹੇ ਪ੍ਰਭੂ) ਤੂੰ ਸਦਾ ਥਿਰ ਰਹਿਣ ਵਾਲਾ ਹੈਂ, ਤੂੰ ਹੀ (ਜੀਵਾਂ ਦਾ) ਸਭ ਤੋਂ ਵੱਡਾ ਆਸਰਾ ਹੈਂ।
14081	307	ਜੋ ਤੁਧੁ ਸਚੁ ਧਿਆਇਦੇ ਸਚੁ ਸੇਵਨਿ ਸਚੇ ਤੇਰਾ ਮਾਣੁ॥		Jo Thudhh Sach Dhhiaaeidhae Sach Saevan Sachae Thaeraa Maan ||	Those who meditate on You, O True Lord, serve the Truth; O True Lord, they take pride in You.	ਹੇ ਸੱਚੇ ਪ੍ਰਭੂ! ਜੋ ਤੇਰਾ ਸਿਮਰਨ ਕਰਦੇ ਹਨ, ਤੇਰੀ ਸੇਵਾ ਕਰਦੇ ਹਨ, ਉਹਨਾਂ ਨੂੰ ਤੇਰਾ ਹੀ ਮਾਣ ਹੈ।
14082	307	ਓਨਾ ਅੰਦਰਿ ਸਚੁ ਮੁਖ ਉਜਲੇ ਸਚੁ ਬੋਲਨਿ ਸਚੇ ਤੇਰਾ ਤਾਣੁ॥	ਉੱਜਲੇ	Ounaa Andhar Sach Mukh Oujalae Sach Bolan Sachae Thaeraa Thaan ||	Within them is the Truth; their faces are radiant, and they speak the Truth. O True Lord, You are their strength.	ਉਹਨਾਂ ਦੇ ਹਿਰਦੇ ਵਿਚ ਸੱਚ ਹੈ (ਇਸ ਕਰਕੇ ਉਹਨਾਂ ਦੇ) ਮੱਥੇ ਖਿੜੇ ਰਹਿੰਦੇ ਹਨ ਤੇ ਹੇ ਸੱਚੇ ਹਰੀ! ਉਹ ਤੇਰਾ ਸਦਾ-ਥਿਰ ਨਾਮ ਉਚਾਰਦੇ ਹਨ, ਤੇ ਤੇਰਾ ਉਹਨਾਂ ਨੂੰ ਤਾਣ ਹੈ।

14083	307	ਸੇ ਭਗਤ ਜਿਨੀ ਗੁਰਮੁਖਿ ਸਾਲਾਹਿਆ ਸਚੁ ਸਬਦੁ ਨੀਸਾਣੁ॥		Sae Bhagath Jinee Guramukh Saalaahiaa Sach Sabadh Neesaan ||	Those who, as Gurmukh, praise You are Your devotees; they have the insignia and the banner of the Shabad, the True Word of God.	ਜੋ ਮਨੁੱਖ ਸਤਿਗੁਰੂ ਦੇ ਸਨਮੁਖ ਰਹਿ ਕੇ ਹਰੀ ਦੀ ਸਿਫ਼ਤਿ-ਸਾਲਾਹ ਕਰਦੇ ਹਨ, ਉਹੀ ਸੱਚੇ ਭਗਤ ਹਨ ਤੇ ਉਹਨਾਂ ਪਾਸ ਸੱਚਾ ਸ਼ਬਦ-ਰੂਪ ਨਿਸ਼ਾਨ ਹੈ।
14084	307	ਸਚੁ ਜਿ ਸਚੇ ਸੇਵਦੇ ਤਿਨ ਵਾਰੀ ਸਦ ਕੁਰਬਾਣੁ॥੧੩॥		Sach J Sachae Saevadhae Thin Vaaree Sadh Kurabaan ||13||	I am truly a sacrifice, forever devoted to those who serve the True Lord. ||13||	ਮੈਂ ਸਦਕੇ ਹਾਂ ਕੁਰਬਾਨ ਹਾਂ ਉਹਨਾਂ ਤੋਂ ਜੋ ਸੱਚੇ ਪ੍ਰਭੂ ਨੂੰ ਤਨੋਂ ਮਨੋਂ ਸਿਮਰਦੇ ਹਨ ॥੧੩॥
14085	307	ਸਲੋਕ ਮਃ ੪॥		Salok Ma 4 ||	Shalok, Fourth Mehl:	
14086	307	ਧੁਰਿ ਮਾਰੇ ਪੂਰੈ ਸਤਿਗੁਰੂ ਸੇਈ ਹੁਣਿ ਸਤਿਗੁਰਿ ਮਾਰੇ॥		Dhhur Maarae Poorai Sathiguroo Saeee Hun Sathigur Maarae ||	Those who were cursed by the Perfect True Guru, from the very beginning, are even now cursed by the True Guru.	ਜੇਹੜੇ ਪਹਿਲਾਂ ਤੋਂ ਹੀ ਪੂਰੇ ਸਤਿਗੁਰੂ ਨੇ ਫਿਟਕਾਰੇ ਹਨ, ਉਹ ਹੁਣ (ਫਿਰ) ਸਤਿਗੁਰੂ ਵਲੋਂ ਮਾਰੇ ਗਏ ਹਨ (ਭਾਵ, ਸਤਿਗੁਰੂ ਵਲੋਂ ਮਨਮੁਖ ਹੋਏ ਹਨ)।
14087	307	ਜੇ ਮੇਲਣ ਨੋ ਬਹੁਤੇਰਾ ਲੋਚੀਐ ਨ ਦੇਈ ਮਿਲਣ ਕਰਤਾਰੇ॥		Jae Maelan No Bahuthaeraa Locheeai N Dhaeee Milan Karathaarae ||	Even though they may have a great longing to associate with the Guru, the Creator does not allow it.	ਜੇ ਉਹਨਾਂ ਨੂੰ (ਸਤਿਗੁਰੂ ਨਾਲ) ਮੇਲਣ ਲਈ ਬਥੇਰੀ ਤਾਂਘ ਭੀ ਕਰੀਏ (ਤਾਂ ਭੀ) ਸਿਰਜਣਹਾਰ ਉਹਨਾਂ ਨੂੰ ਮਿਲਣ ਨਹੀਂ ਦੇਂਦਾ।

14088	307	ਸਤਸੰਗਤਿ ਢੋਈ ਨਾ ਲਹਨਿ ਵਿਚਿ ਸੰਗਤਿ ਗੁਰਿ ਵੀਚਾਰੇ॥		Sathasangath Dtoee Naa Lehan Vich Sangath Gur Veechaarae ||	They shall not find shelter in the Sat Sangat, the True Congregation; in the Sangat, the Guru has proclaimed this.	ਉਹਨਾਂ ਨੂੰ ਸਤਸੰਗ ਵਿਚ ਭੀ ਢੋਈ ਨਹੀਂ ਮਿਲਦੀ-ਗੁਰੂ ਨੇ ਭੀ ਸੰਗਤਿ ਵਿਚ ਏਹੀ ਵਿਚਾਰ ਕੀਤੀ ਹੈ।
14089	307	ਕੋਈ ਜਾਇ ਮਿਲੈ ਹੁਣਿ ਓਨ੍ਹਾ ਨੋ ਤਿਸੁ ਮਾਰੇ ਜਮੁ ਜੰਦਾਰੇ॥	(ਜੰਦਾਰੇ) ਜਲਾਦ	Koee Jaae Milai Hun Ounaa No This Maarae Jam Jandhaarae ||	Whoever goes out to meet them now, will be destroyed by the tyrant, the Messenger of Death.	ਐਸ ਵੇਲੇ ਜੇ ਕੋਈ ਉਹਨਾਂ ਦਾ ਜਾ ਕੇ ਸਾਥੀ ਬਣੇ, ਉਸ ਨੂੰ ਭੀ ਜਮਦੂਤ ਤਾੜਨਾ ਕਰਦਾ ਹੈ (ਉਹ ਮਨੁੱਖ ਭੀ ਮਨ-ਮੁਖਤਾ ਵਾਲੇ ਕੰਮ ਹੀ ਕਰੇਗਾ, ਜਿਸ ਕਰਕੇ ਜੰਮ-ਮਾਰਗ ਦਾ ਭਾਗੀ ਬਣੇਗਾ)।
14090	307	ਗੁਰਿ ਬਾਬੈ ਫਿਟਕੇ ਸੇ ਫਿਟੇ ਗੁਰਿ ਅੰਗਦਿ ਕੀਤੇ ਕੂੜਿਆਰੇ॥	ਫਿਟਕੇ: ਪੋਲਾ ਬੋਲੋ। ਫਿੱਟੇ	Gur Baabai Fittakae Sae Fittae Gur Angadh Keethae Koorriaarae ||	Those who were condemned by Guru Nanak were declared counterfeit by Guru Angad as well.	ਜਿਨ੍ਹਾਂ ਮਨੁੱਖਾਂ ਨੂੰ ਬਾਬੇ (ਗੁਰੂ ਨਾਨਕ ਦੇਵ) ਨੇ ਮਨਮੁਖ ਕਰਾਰ ਦਿੱਤਾ, ਉਹਨਾਂ ਅਹੰਕਾਰੀਆਂ ਨੂੰ ਗੁਰੂ ਅੰਗਦ ਨੇ ਭੀ ਝੂਠਾ ਮਿਥਿਆ।
14091	307	ਗੁਰਿ ਤੀਜੀ ਪੀੜੀ ਵੀਚਾਰਿਆ ਕਿਆ ਹਥਿ ਏਨਾ ਵੇਚਾਰੇ॥	ਪੀੜ੍ਹੀ	Gur Theejee Peerree Veechaariaa Kiaa Hathh Eaenaa Vaechaarae ||	The Guru of the third generation thought, ""What lies in the hands of these poor people?""	ਤੀਜੇ ਥਾਂ ਬੈਠੇ ਗੁਰੂ ਨੇ ਵਿਚਾਰ ਕੀਤੀ ਕਿ ਇਹਨਾਂ ਕੰਗਾਲਾਂ ਦੇ ਕੀਹ ਵੱਸ?

14092	307	ਗੁਰੁ ਚਉਥੀ ਪੀੜੀ ਟਿਕਿਆ ਤਿਨਿ ਨਿੰਦਕ ਦੁਸਟ ਸਭਿ ਤਾਰੇ॥	ਪੀੜ੍ਹੀਟਿੱਕਿਆ	Gur Chouthhee Peerree Ttikiaa Thin Nindhak Dhusatt Sabh Thaarae ||	The Guru of the fourth generation saved all these slanderers and evil-doers.	ਜਿਸ ਨੇ ਚੌਥੇ ਥਾਂ ਬੈਠੇ ਨੂੰ ਗੁਰੂ ਥਾਪਿਆ, ਉਸ ਨੇ ਸਾਰੇ ਨਿੰਦਕ ਤੇ ਦੁਸ਼ਟ ਤਾਰ ਦਿੱਤੇ (ਭਾਵ, ਅਹੰਕਾਰ ਤੇ ਫਿਟੇਵੇਂ ਤੋਂ ਬਚਾ ਲਏ)।
14093	307	ਕੋਈ ਪੁਤੁ ਸਿਖੁ ਸੇਵਾ ਕਰੇ ਸਤਿਗੁਰੂ ਕੀ ਤਿਸੁ ਕਾਰਜ ਸਭਿ ਸਵਾਰੇ॥		Koee Puth Sikh Saevaa Karae Sathiguroo Kee This Kaaraj Sabh Savaarae ||	If any son or Sikh serves the True Guru, then all of his affairs will be resolved.	ਪੁੱਤਰ ਹੋਵੇ ਚਾਹੇ ਸਿੱਖ, ਜੋ ਕੋਈ (ਭੀ) ਸਤਿਗੁਰੂ ਦੀ ਸੇਵਾ ਕਰਦਾ ਹੈ ਸਤਿਗੁਰੂ ਉਸ ਦੇ ਸਾਰੇ ਕਾਰਜ ਸਵਾਰਦਾ ਹੈ-
14094	307	ਜੋ ਇਛੈ ਸੋ ਫਲੁ ਪਾਇਸੀ ਪੁਤੁ ਧਨੁ ਲਖਮੀ ਖੜਿ ਮੇਲੇ ਹਰਿ ਨਿਸਤਾਰੇ॥	(ਖੜਿ) ਲਿਜਾ ਕੇ।ਲੱਖਮੀ। ਖੜਿ ੜ ਪੈਰ ਹਲੰਤ ਨਹੀਂ ਲਾਉਣਾ	Jo Eishhai So Fal Paaeisee Puth Dhhan Lakhamee Kharr Maelae Har Nisathaarae ||	He obtains the fruits of his desires - children, wealth, property, union with the Lord and emancipation.	ਪੁੱਤਰ, ਧਨ, ਲੱਛਮੀ, ਜਿਸ ਭੀ ਸ਼ੈ ਦੀ ਉਹ ਇੱਛਾ ਕਰੇ, ਉਹੀ ਫਲ ਉਸ ਨੂੰ ਮਿਲਦਾ ਹੈ, (ਸਤਿਗੁਰੂ) ਉਸ ਨੂੰ ਲੈ ਜਾ ਕੇ (ਪ੍ਰਭੂ ਨਾਲ) ਮੇਲਦਾ ਹੈ ਤੇ ਪ੍ਰਭੂ (ਉਸ ਨੂੰ) ਪਾਰ ਉਤਾਰਦਾ ਹੈ।
14095	307	ਸਭਿ ਨਿਧਾਨ ਸਤਿਗੁਰੂ ਵਿਚਿ ਜਿਸੁ ਅੰਦਰਿ ਹਰਿ ਉਰ ਧਾਰੇ॥		Sabh Nidhhaan Sathiguroo Vich Jis Andhar Har Our Dhhaarae ||	All treasures are in the True Guru, who has enshrined the Lord within the heart.	(ਮੁਕਦੀ ਗੱਲ), ਜਿਸ ਸਤਿਗੁਰੂ ਦੇ ਹਿਰਦੇ ਵਿਚ ਪ੍ਰਭੂ ਟਿਕਿਆ ਹੋਇਆ ਹੈ, ਉਸ ਵਿਚ ਸਾਰੇ ਖ਼ਜ਼ਾਨੇ ਹਨ।

14096	307	ਸੋ ਪਾਏ ਪੂਰਾ ਸਤਿਗੁਰੂ ਜਿਸੁ ਲਿਖਿਆ ਲਿਖਤੁ ਲਿਲਾਰੇ॥	(ਲਿਲਾਰੇ) ਮੱਥੇ ਤੇ	So Paaeae Pooraa Sathiguroo Jis Likhiaa Likhath Lilaarae ||	He alone obtains the Perfect True Guru, on whose forehead such blessed destiny is pre-ordained.	ਜਿਸ (ਮਨੁੱਖ) ਦੇ ਮੱਥੇ ਤੇ (ਪਿਛਲੇ ਕੀਤੇ ਚੰਗੇ ਕੰਮਾਂ ਦੇ ਸੰਸਕਾਰ-ਰੂਪੀ) ਲੇਖ ਲਿਖੇ ਹੋਏ ਹਨ, ਉਹ ਪੂਰੇ ਸਤਿਗੁਰੂ ਨੂੰ ਮਿਲ ਪੈਂਦਾ ਹੈ।
14097	307	ਜਨੁ ਨਾਨਕੁ ਮਾਗੈ ਧੂੜਿ ਤਿਨ ਜੋ ਗੁਰਸਿਖ ਮਿਤ ਪਿਆਰੇ॥੧॥	(ਮਿੱਤ) ਮਿੱਤ੍ਰ	Jan Naanak Maagai Dhhoorr Thin Jo Gurasikh Mith Piaarae ||1||	Servant Nanak begs for the dust of the feet of those GurSikhs who love the Lord, their Friend. ||1||	(ਇਹੋ ਜਿਹੇ) ਜੋ ਮਿੱਤਰ ਪਿਆਰੇ ਗੁਰੂ ਕੇ ਸਿੱਖ ਹਨ, ਉਹਨਾਂ ਦੇ ਚਰਨਾਂ ਦੀ ਧੂੜ ਦਾਸ ਨਾਨਕ (ਭੀ) ਮੰਗਦਾ ਹੈ ॥੧॥
14098	308	ਮਃ ੪॥		Ma 4 ||	Fourth Mehl:	
14099	308	ਜਿਨ ਕਉ ਆਪਿ ਦੇਇ ਵਡਿਆਈ ਜਗਤੁ ਭੀ ਆਪੇ ਆਣਿ ਤਿਨ ਕਉ ਪੈਰੀ ਪਾਏ॥	ਜੱਗਤੁ। ਦੇ-ਇ	Jin Ko Aap Dhaee Vaddiaaee Jagath Bhee Aapae Aan Thin Ko Pairee Paaeae ||	The Lord Himself bestows glorious greatness; He Himself causes the world to come and fall at their feet.	ਜਿਨ੍ਹਾਂ ਨੂੰ ਪ੍ਰਭੂ ਆਪ ਵਡਿਆਈ ਬਖ਼ਸ਼ਦਾ ਹੈ, ਉਹਨਾਂ ਦੀ ਚਰਨੀਂ ਸਾਰੇ ਸੰਸਾਰ ਨੂੰ ਭੀ ਲਿਆ ਕੇ ਪਾਂਦਾ ਹੈ।
14100	308	ਡਰੀਐ ਤਾਂ ਜੇ ਕਿਛੁ ਆਪ ਦੂ ਕੀਚੈ ਸਭੁ ਕਰਤਾ ਆਪਣੀ ਕਲਾ ਵਧਾਏ॥		Ddareeai Thaan Jae Kishh Aap Dhoo Keechai Sabh Karathaa Aapanee Kalaa Vadhhaaeae ||	We should only be afraid, if we try to do things by ourselves; the Creator is increasing His Power in every way.	(ਇਸ ਵਡਿਆਈ ਨੂੰ ਆਉਂਦਾ ਵੇਖ ਕੇ) ਤਦ ਡਰੀਏ, ਜੇ ਅਸੀਂ ਕੁਝ ਆਪਣੇ ਵਲੋਂ ਕਰਦੇ ਹੋਵੀਏ, ਇਹ ਤਾਂ ਕਰਤਾਰ ਆਪਣੀ ਕਲਾ ਆਪ ਵਧਾ ਰਿਹਾ ਹੈ।

14101	308	ਦੇਖਹੁ ਭਾਈ ਏਹੁ ਅਖਾੜਾ ਹਰਿ ਪ੍ਰੀਤਮ ਸਚੇ ਕਾ ਜਿਨਿ ਆਪਣੈ ਜੋਰਿ ਸਭਿ ਆਣਿ ਨਿਵਾਏ॥		Dhaekhahu Bhaaee Eaehu Akhaarraa Har Preetham Sachae Kaa Jin Aapanai Jor Sabh Aan Nivaaeae ||	Behold, O Siblings of Destiny: this is the Arena of the Beloved True Lord; His power brings everyone to bow in humility.	ਹੇ ਭਾਈ! ਚੇਤਾ ਰੱਖੋ, ਜਿਸ ਪ੍ਰਭੂ ਨੇ ਆਪਣੇ ਬਲ ਨਾਲ ਸਭ ਜੀਵਾਂ ਨੂੰ ਲਿਆ ਕੇ (ਸਤਿਗੁਰੂ ਦੇ ਅੱਗੇ) ਨਿਵਾਇਆ ਹੈ, ਉਸ ਸੱਚੇ ਪ੍ਰੀਤਮ ਦਾ ਇਹ ਸੰਸਾਰ (ਇਕ) ਅਖਾੜਾ ਹੈ,
14102	308	ਆਪਣਿਆ ਭਗਤਾ ਕੀ ਰਖ ਕਰੇ ਹਰਿ ਸੁਆਮੀ ਨਿੰਦਕਾ ਦੁਸਟਾ ਕੇ ਮੁਹ ਕਾਲੇ ਕਰਾਏ॥	ਰੱਖ	Aapaniaa Bhagathaa Kee Rakh Karae Har Suaamee Nindhakaa Dhusattaa Kae Muh Kaalae Karaaeae ||	The Lord, our Lord and Master, preserves and protects His devotees; He blackens the faces of the slanderers and evil-doers.	(ਜਿਸ ਵਿਚ) ਉਹ ਸੁਆਮੀ ਪ੍ਰਭੂ ਆਪਣੇ ਭਗਤਾਂ ਦੀ ਰੱਖਿਆ ਕਰਦਾ ਹੈ ਤੇ ਨਿੰਦਕਾਂ ਦੁਸ਼ਟਾਂ ਦੇ ਮੂੰਹ ਕਾਲੇ ਕਰਾਉਂਦਾ ਹੈ।
14103	308	ਸਤਿਗੁਰ ਕੀ ਵਡਿਆਈ ਨਿਤ ਚੜੈ ਸਵਾਈ ਹਰਿ ਕੀਰਤਿ ਭਗਤਿ ਨਿਤ ਆਪਿ ਕਰਾਏ॥	ਚੜੈ	Sathigur Kee Vaddiaaee Nith Charrai Savaaee Har Keerath Bhagath Nith Aap Karaaeae ||	The glorious greatness of the True Guru increases day by day; the Lord inspires His devotees to continually sing the Kirtan of His Praises.	ਸਤਿਗੁਰੂ ਦੀ ਮਹਿਮਾ ਸਦਾ ਵਧਦੀ ਹੈ ਕਿਉਂਕਿ ਹਰੀ ਆਪਣੀ ਕੀਰਤੀ ਤੇ ਭਗਤੀ ਸਦਾ ਆਪ ਸਤਿਗੁਰੂ ਪਾਸੋਂ ਕਰਾਉਂਦਾ ਹੈ।

14104	308	ਅਨ ਦਿਨੁ ਨਾਮੁ ਜਪਹੁ ਗੁਰਸਿਖਹੁ ਹਰਿ ਕਰਤਾ ਸਤਿਗੁਰੁ ਘਰੀ ਵਸਾਏ॥		Anadhin Naam Japahu Gurasikhahu Har Karathaa Sathigur Gharee Vasaaeae ||	O GurSikhs, chant the Naam, the Name of the Lord, night and day; through the True Guru, the Creator Lord will come to dwell within the home of your inner being.	ਹੇ ਗੁਰ-ਸਿਖੋ! ਹਰ ਰੋਜ਼ (ਭਾਵ, ਹਰ ਵੇਲੇ) ਨਾਮ ਜਪੋ (ਤਾ ਕਿ) ਸਿਰਜਨਹਾਰ ਹਰੀ (ਇਹੋ ਜਿਹਾ) ਸਤਿਗੁਰੂ (ਤੁਹਾਡੇ) ਹਿਰਦੇ ਵਿਚ ਵਸਾ ਦੇਵੇ।
14105	308	ਸਤਿਗੁਰ ਕੀ ਬਾਣੀ ਸਤਿ ਸਤਿ ਕਰਿ ਜਾਣਹੁ ਗੁਰਸਿਖਹੁ ਹਰਿ ਕਰਤਾ ਆਪਿ ਮੁਹਹੁ ਕਢਾਏ॥		Sathigur Kee Baanee Sath Sath Kar Jaanahu Gurasikhahu Har Karathaa Aap Muhahu Kadtaaeae ||	O GurSikhs, know that the Bani, the Word of the True Guru, is true, absolutely true. The Creator Lord Himself causes the Guru to chant it.	ਹੇ ਗੁਰ-ਸਿਖੋ! ਸਤਿਗੁਰੂ ਦੀ ਬਾਣੀ ਨਿਰੋਲ ਸੱਚ ਸਮਝੋ (ਕਿਉਂਕਿ) ਸਿਰਜਨਹਾਰ ਪ੍ਰਭੂ ਆਪ ਇਹ ਬਾਣੀ ਸਤਿਗੁਰੂ ਦੇ ਮੂੰਹ ਤੋਂ ਅਖਵਾਂਦਾ ਹੈ।
14106	308	ਗੁਰਸਿਖਾ ਕੇ ਮੁਹ ਉਜਲੇ ਕਰੇ ਹਰਿ ਪਿਆਰਾ ਗੁਰ ਕਾ ਜੈਕਾਰੁ ਸੰਸਾਰਿ ਸਭਤੁ ਕਰਾਏ॥		Gurasikhaa Kae Muh Oujalae Karae Har Piaaraa Gur Kaa Jaikaar Sansaar Sabhath Karaaeae ||	The Beloved Lord makes the faces of His GurSikhs radiant; He makes the whole world applaud and acclaim the Guru.	ਪਿਆਰਾ ਹਰੀ ਗੁਰ-ਸਿੱਖਾਂ ਦੇ ਮੂੰਹ ਉਜਲੇ ਕਰਦਾ ਹੈ ਤੇ ਸੰਸਾਰ ਵਿਚ ਸਭਨੀਂ ਪਾਸੀਂ ਸਤਿਗੁਰੂ ਦੀ ਜਿੱਤ ਕਰਾਉਂਦਾ ਹੈ।

14107	308	ਜਨੁ ਨਾਨਕੁ ਹਰਿ ਕਾ ਦਾਸੁ ਹੈ ਹਰਿ ਦਾਸਨ ਕੀ ਹਰਿ ਪੈਜ ਰਖਾਏ॥੨॥		Jan Naanak Har Kaa Dhaas Hai Har Dhaasan Kee Har Paij Rakhaaeae ||2||	Servant Nanak is the slave of the Lord; the Lord Himself preserves the honor of His slave. ||2||	ਦਾਸ ਨਾਨਕ ਭੀ ਪ੍ਰਭੂ ਦਾ ਸੇਵਕ ਹੈ; ਪ੍ਰਭੂ ਆਪਣੇ ਦਾਸਾਂ ਦੀ ਲਾਜ ਆਪ ਰੱਖਦਾ ਹੈ ॥੨॥
14108	308	ਪਉੜੀ॥		Pourree ||	Pauree:	
14109	308	ਤੂ ਸਚਾ ਸਾਹਿਬੁ ਆਪਿ ਹੈ ਸਚੁ ਸਾਹ ਹਮਾਰੇ॥		Thoo Sachaa Saahib Aap Hai Sach Saah Hamaarae ||	O My True Lord and Master, You Yourself are my True Lord King.	ਹੇ ਸਾਡੇ ਸਦਾ-ਥਿਰ ਰਹਿਣ ਵਾਲੇ ਸ਼ਾਹ! ਤੂੰ ਆਪ ਹੀ ਸੱਚਾ ਮਾਲਕ ਹੈਂ।
14110	308	ਸਚੁ ਪੂਜੀ ਨਾਮੁ ਦ੍ਰਿੜਾਇ ਪ੍ਰਭ ਵਣਜਾਰੇ ਥਾਰੇ॥	(ਥਾਰੇ) ਆਪਜੀ ਦੇ। ਪੂੰਜੀ	Sach Poojee Naam Dhrirraae Prabh Vanajaarae Thhaarae ||	Please, implant within me the true treasure of Your Name; O God, I am Your merchant.	ਹੇ ਪ੍ਰਭੂ! ਅਸੀਂ ਤੇਰੇ ਵਣਜਾਰੇ ਹਾਂ, ਸਾਨੂੰ ਇਹ ਨਿਸਚੇ ਕਰਾ ਕਿ ਨਾਮ ਦੀ ਪੂੰਜੀ ਸਦਾ ਕਾਇਮ ਰਹਿਣ ਵਾਲੀ ਹੈ।
14111	308	ਸਚੁ ਸੇਵਹਿ ਸਚੁ ਵਣੰਜਿ ਲੈਹਿ ਗੁਣ ਕਥਹ ਨਿਰਾਰੇ॥		Sach Saevehi Sach Vananj Laihi Gun Kathheh Niraarae ||	I serve the True One, and deal in the True One; I chant Your Wondrous Praises.	ਜੋ ਮਨੁੱਖ ਸਦਾ-ਥਿਰ ਨਾਮ ਸਿਮਰਦੇ ਹਨ, ਸੱਚੇ ਨਾਮ ਦਾ ਸਉਦਾ ਖ਼ਰੀਦਦੇ ਹਨ ਤੇ ਨਿਰਾਲੇ ਪ੍ਰਭੂ ਦੇ ਗੁਣ ਉਚਾਰਦੇ ਹਨ,
14112	308	ਸੇਵਕ ਭਾਇ ਸੇ ਜਨ ਮਿਲੇ ਗੁਰ ਸਬਦਿ ਸਵਾਰੇ॥		Saevak Bhaae Sae Jan Milae Gur Sabadh Savaarae ||	Those humble beings who serve the Lord with love meet Him; they are adorned with the Word of the Guru's Shabad.	ਉਹ ਸਤਿਗੁਰੂ ਦੇ ਸ਼ਬਦ ਦੁਆਰਾ ਸੁਧਰ ਕੇ ਸੇਵਕ ਸੁਭਾਉ ਵਾਲੇ ਹੋ ਕੇ ਉਸ ਪ੍ਰਭੂ ਨੂੰ ਮਿਲਦੇ ਹਨ।

14113	308	ਤੂ ਸਚਾ ਸਾਹਿਬੁ ਅਲਖੁ ਹੈ ਗੁਰ ਸਬਦਿ ਲਖਾਰੇ॥੧੪॥	(ਲਖਾਰੇ) ਜਾਣਿਆ। ਅ-ਲਖੁ: ਪੋਲਾ ਬੋਲੋ	Thoo Sachaa Saahib Alakh Hai Gur Sabadh Lakhaarae ||14||	O my True Lord and Master, You are unknowable; through the Word of the Guru's Shabad, You are known. ||14||	ਹੇ ਹਰੀ! ਤੂੰ ਸੱਚਾ ਮਾਲਕ ਹੈਂ, ਤੈਨੂੰ ਕੋਈ ਸਮਝ ਨਹੀਂ ਸਕਦਾ (ਪਰ) ਸਤਿਗੁਰੂ ਦੇ ਸ਼ਬਦ ਦੁਆਰਾ ਤੇਰੀ ਸੂਝ ਪੈਂਦੀ ਹੈ ॥੧੪॥
14114	308	ਸਲੋਕ ਮਃ ੪॥		Salok Ma 4 ||	Shalok, Fourth Mehl:	
14115	308	ਜਿਸੁ ਅੰਦਰਿ ਤਾਤਿ ਪਰਾਈ ਹੋਵੈ ਤਿਸ ਦਾ ਕਦੇ ਨ ਹੋਵੀ ਭਲਾ॥	(ਤਾਤਿ) ਈਰਖਾ	Jis Andhar Thaath Paraaee Hovai This Dhaa Kadhae N Hovee Bhalaa ||	One whose heart is filled with jealousy of others, never comes to any good.	ਜਿਸ ਦੇ ਹਿਰਦੇ ਵਿਚ ਪਰਾਈ ਈਰਖਾ ਹੋਵੇ, ਉਸ ਦਾ ਆਪਣਾ ਭੀ ਕਦੇ ਭਲਾ ਨਹੀਂ ਹੁੰਦਾ।
14116	308	ਓਸ ਦੈ ਆਖਿਐ ਕੋਈ ਨ ਲਗੈ ਨਿਤ ਓਜਾੜੀ ਪੂਕਾਰੇ ਖਲਾ॥	ਲੱਗੈ। ਖਲਾ: ਪੋਲਾ ਬੋਲੋ	Ous Dhai Aakhiai Koee N Lagai Nith Oujaarree Pookaarae Khalaa ||	No one pays any attention to what he says; he is just a fool, crying out endlessly in the wilderness.	ਉਸ ਦੇ ਬਚਨ ਤੇ ਕੋਈ ਇਤਬਾਰ ਨਹੀਂ ਕਰਦਾ, ਉਹ ਸਦਾ (ਮਾਨੋ) ਉਜਾੜ ਵਿਚ ਖਲੋਤਾ ਕੂਕਦਾ ਹੈ।
14117	308	ਜਿਸੁ ਅੰਦਰਿ ਚੁਗਲੀ ਚੁਗਲੋ ਵਜੈ ਕੀਤਾ ਕਰਤਿਆ ਓਸ ਦਾ ਸਭੁ ਗਇਆ॥	(ਵਜੈ) ਮਸ਼ਹੂਰ। ਗਇਆ	Jis Andhar Chugalee Chugalo Vajai Keethaa Karathiaa Ous Dhaa Sabh Gaeiaa ||	One whose heart is filled with malicious gossip, is known as a malicious gossip; everything he does is in vain.	ਜਿਸ ਮਨੁੱਖ ਦੇ ਹਿਰਦੇ ਵਿਚ ਚੁਗ਼ਲੀ ਹੁੰਦੀ ਹੈ ਉਹ ਚੁਗ਼ਲ (ਦੇ ਨਾਮ ਨਾਲ) ਹੀ ਮਸ਼ਹੂਰ ਹੋ ਜਾਂਦਾ ਹੈ, ਉਸ ਦੀ (ਪਿਛਲੀ) ਸਾਰੀ ਕੀਤੀ ਹੋਈ ਕਮਾਈ ਵਿਅਰਥ ਜਾਂਦੀ ਹੈ।

14118	308	ਨਿਤ ਚੁਗਲੀ ਕਰੇ ਅਣਹੋਦੀ ਪਰਾਈ ਮੁਹੁ ਕਢਿ ਨ ਸਕੈ ਓਸ ਦਾ ਕਾਲਾ ਭਇਆ॥	ਭਇਆ। ਵੱਜੈ	Nith Chugalee Karae Anehodhee Paraaee Muhu Kadt N Sakai Ous Dhaa Kaalaa Bhaeiaa ||	Night and day, he continually gossips about others; his face has been blackened, and he cannot show it to anyone.	ਉਹ ਸਦਾ ਪਰਾਈ ਝੂਠੀ ਚੁਗ਼ਲੀ ਕਰਦਾ ਹੈ, ਇਸ ਮੁਕਾਲਖ ਕਰਕੇ ਉਹ ਕਿਸੇ ਦੇ ਮੱਥੇ ਭੀ ਨਹੀਂ ਲੱਗ ਸਕਦਾ (ਉਸ ਦਾ ਮੂੰਹ ਕਾਲਾ ਹੋ ਜਾਂਦਾ ਹੈ ਤੇ ਵਿਖਾ ਨਹੀਂ ਸਕਦਾ)।
14119	308	ਕਰਮ ਧਰਤੀ ਸਰੀਰੁ ਕਲਿਜੁਗ ਵਿਚਿ ਜੇਹਾ ਕੋ ਬੀਜੇ ਤੇਹਾ ਕੋ ਖਾਏ॥	ਕਲਿਜੁੱਗ	Karam Dhharathee Sareer Kalijug Vich Jaehaa Ko Beejae Thaehaa Ko Khaaeae ||	The body is the field of action, in this Dark Age of Kali Yuga; as you plant, so shall you harvest.	ਇਸ ਮਨੁੱਖਾ ਜਨਮ ਵਿਚ ਸਰੀਰ ਕਰਮ-(ਰੂਪ ਬੀਜ ਬੀਜਣ ਲਈ) ਭੁੰਏਂ ਹੈ, ਇਸ ਵਿਚ ਜਿਸ ਤਰ੍ਹਾਂ ਦਾ ਬੀਜ ਮਨੁੱਖ ਬੀਜਦਾ ਹੈ, ਉਸੇ ਤਰ੍ਹਾਂ ਦਾ ਫਲ ਖਾਂਦਾ ਹੈ।
14120	308	ਗਲਾ ਉਪਰਿ ਤਪਾਵਸੁ ਨ ਹੋਈ ਵਿਸੁ ਖਾਧੀ ਤਤਕਾਲ ਮਰਿ ਜਾਏ॥	ਤਪਾਵਸੁ:ਪੋਲਾ ਬੋਲੋ। (ਤਪਾਵਸੁ) ਨਿਆਉਂ। ਗੱਲਾਂ। ਵਿਸੁ: ਪੋਲਾ ਬੋਲੋ। ਤੱਤਕਾਲ	Galaa Oupar Thapaavas N Hoee Vis Khaadhhee Thathakaal Mar Jaaeae ||	Justice is not passed on mere words; if someone eats poison, he dies.	ਕੀਤੇ ਕਰਮਾਂ ਦਾ ਨਿਬੇੜਾ ਗੱਲਾਂ ਉਤੇ ਨਹੀਂ ਹੁੰਦਾ, ਜੇ ਵਿਹੁ ਖਾਧੀ ਜਾਏ ਤਾਂ (ਅੰਮ੍ਰਿਤ ਦੀਆਂ ਗੱਲਾਂ ਕਰਦਿਆਂ ਭੀ ਮਨੁੱਖ ਬਚ ਨਹੀਂ ਸਕਦਾ) ਤੁਰੰਤ ਮਰ ਜਾਂਦਾ ਹੈ।

14121	308	ਭਾਈ ਵੇਖਹੁ ਨਿਆਉ ਸਚੁ ਕਰਤੇ ਕਾ ਜੇਹਾ ਕੋਈ ਕਰੇ ਤੇਹਾ ਕੋਈ ਪਾਏ॥		Bhaaee Vaekhahu Niaao Sach Karathae Kaa Jaehaa Koee Karae Thaehaa Koee Paaeae ||	O Siblings of Destiny, behold the justice of the True Creator; as people act, so they are rewarded.	ਹੇ ਭਾਈ! ਸੱਚੇ ਪ੍ਰਭੂ ਦਾ ਨਿਆਉਂ ਵੇਖੋ, ਜਿਸ ਤਰ੍ਹਾਂ ਦਾ ਕੋਈ ਕੰਮ ਕਰਦਾ ਹੈ, ਓਹੋ ਜਿਹਾ ਉਸ ਦਾ ਫਲ ਪਾ ਲੈਂਦਾ ਹੈ।
14122	308	ਜਨ ਨਾਨਕ ਕਉ ਸਭ ਸੋਝੀ ਪਾਈ ਹਰਿ ਦਰ ਕੀਆ ਬਾਤਾ ਆਖਿ ਸੁਣਾਏ॥੧॥	ਬਾਤਾਂ	Jan Naanak Ko Sabh Sojhee Paaee Har Dhar Keeaa Baathaa Aakh Sunaaeae ||1||	The Lord has bestowed total understanding upon servant Nanak; he speaks and proclaims the words of the Lord's Court. ||1||	ਹੇ ਨਾਨਕ! ਜਿਸ ਦਾਸ ਨੂੰ ਪ੍ਰਭੂ ਇਹ ਸਮਝਣ ਦੀ ਸਾਰੀ ਬੁਧਿ ਬਖ਼ਸ਼ਦਾ ਹੈ, ਉਹ ਪ੍ਰਭੂ ਦੇ ਦਰ ਦੀਆਂ ਇਹ ਗੱਲਾਂ ਕਰ ਕੇ ਸੁਣਾਉਂਦਾ ਹੈ ॥੧॥
14123	308	ਮਃ ੪॥		Ma 4 ||	Fourth Mehl:	
14124	308	ਹੋਦੈ ਪਰਤਖਿ ਗੁਰੂ ਜੋ ਵਿਛੁੜੇ ਤਿਨ ਕਉ ਦਰਿ ਢੋਈ ਨਾਹੀ॥	ਪਰ-ਤੱਖਿ	Hodhai Parathakh Guroo Jo Vishhurrae Thin Ko Dhar Dtoee Naahee ||	Those who separate themselves from the Guru, in spite of His Constant Presence - they find no place of rest in the Court of the Lord.	ਸਤਿਗੁਰੂ ਦੇ ਪਰਤੱਖ ਹੁੰਦਿਆਂ ਭੀ ਜੋ ਨਿੰਦਕ (ਗੁਰ ਤੋਂ) ਵਿੱਛੜੇ ਰਹਿੰਦੇ ਹਨ, ਉਹਨਾਂ ਨੂੰ ਦਰਗਾਹ ਵਿਚ ਢੋਈ ਨਹੀਂ ਮਿਲਦੀ।
14125	308	ਕੋਈ ਜਾਇ ਮਿਲੈ ਤਿਨ ਨਿੰਦਕਾ ਮੁਹ ਫਿਕੇ ਥੁਕ ਥੁਕ ਮੁਹਿ ਪਾਹੀ॥		Koee Jaae Milai Thin Nindhakaa Muh Fikae Thhuk Thhuk Muhi Paahee ||	If someone goes to meet with those dull-faced slanderers, he will find their faces covered with spit.	ਜੋ ਕੋਈ ਉਹਨਾਂ ਦਾ ਸੰਗ ਭੀ ਕਰਦਾ ਹੈ ਉਸ ਦਾ ਭੀ ਮੂੰਹ ਫਿੱਕਾ ਤੇ ਮੂੰਹ ਤੇ ਨਿਰੀ ਥੁੱਕ ਪੈਂਦੀ ਹੈ (ਭਾਵ, ਲੋਕ ਮੂੰਹ ਤੇ ਫਿਟਕਾਂ ਪਾਂਦੇ ਹਨ)

14126	308	ਜੋ ਸਤਿਗੁਰਿ ਫਿਟਕੇ ਸੇ ਸਭ ਜਗਤਿ ਫਿਟਕੇ ਨਿਤ ਭੰਭਲਭੂਸੇ ਖਾਹੀ॥	ਜੱਗ-ਤਿ	Jo Sathigur Fittakae Sae Sabh Jagath Fittakae Nith Bhanbhal Bhoosae Khaahee ||	Those who are cursed by the True Guru, are cursed by all the world. They wander around endlessly.	(ਕਿਉਂਕਿ) ਜੋ ਮਨੁੱਖ ਗੁਰੂ ਵਲੋਂ ਵਿੱਛੜੇ ਹੋਏ ਹਨ, ਉਹ ਸੰਸਾਰ ਵਿਚ ਭੀ ਫਿਟਕਾਰੇ ਹੋਏ ਹਨ ਤੇ ਸਦਾ ਡਕੋ-ਡੋਲੇ ਖਾਂਦੇ ਫਿਰਦੇ ਹਨ।
14127	308	ਜਿਨ ਗੁਰੁ ਗੋਪਿਆ ਆਪਣਾ ਸੇ ਲੈਦੇ ਢਹਾ ਫਿਰਾਹੀ॥	(ਗੋਪਿਆ) ਛੁਪਾਇਆ। (ਢਹਾ) ਆਸਰਾ	Jin Gur Gopiaa Aapanaa Sae Laidhae Dtehaa Firaahee ||	Those who do not publicly affirm their Guru wander around, moaning and groaning.	ਜੋ ਮਨੁੱਖ ਪਿਆਰੇ ਸਤਿਗੁਰੂ ਦੀ ਨਿੰਦਾ ਕਰਦੇ ਹਨ, ਉਹ ਸਦਾ (ਮਾਨੋ) ਢਾਹਾਂ ਮਾਰਦੇ ਫਿਰਦੇ ਹਨ।
14128	308	ਤਿਨ ਕੀ ਭੁਖ ਕਦੇ ਨ ਉਤਰੈ ਨਿਤ ਭੁਖਾ ਭੁਖ ਕੂਕਾਹੀ॥	ਭੁੱਖਾ ਭੁੱਖ	Thin Kee Bhukh Kadhae N Outharai Nith Bhukhaa Bhukh Kookaahee ||	Their hunger shall never depart; afflicted by constant hunger, they cry out in pain.	ਉਹਨਾਂ ਦੀ ਤ੍ਰਿਸ਼ਨਾ ਕਦੇ ਨਹੀਂ ਉਤਰਦੀ, ਤੇ ਸਦਾ ਭੁੱਖ ਭੁੱਖ ਕੂਕਦੇ ਹਨ।
14129	308	ਓਨਾ ਦਾ ਆਖਿਆ ਕੋ ਨ ਸੁਣੈ ਨਿਤ ਹਉਲੇ ਹਉਲਿ ਮਰਾਹੀ॥		Ounaa Dhaa Aakhiaa Ko N Sunai Nith Houlae Houl Maraahee ||	No one hears what they have to say; they live in constant fear and terror, until they finally die.	ਕੋਈ ਉਹਨਾਂ ਦੀ ਗੱਲ ਦਾ ਇਤਬਾਰ ਨਹੀਂ ਕਰਦਾ (ਇਸ ਕਰਕੇ) ਉਹ ਸਦਾ ਚਿੰਤਾ ਫ਼ਿਕਰ ਵਿਚ ਹੀ ਖਪਦੇ ਹਨ।

14130	308	ਸਤਿਗੁਰ ਕੀ ਵਡਿਆਈ ਵੇਖਿ ਨ ਸਕਨੀ ਓਨਾ ਅਗੈ ਪਿਛੈ ਥਾਉ ਨਾਹੀ॥		Sathigur Kee Vaddiaaee Vaekh N Sakanee Ounaa Agai Pishhai Thhaao Naahee ||	They cannot bear the glorious greatness of the True Guru, and they find no place of rest, here or hereafter.	ਜੋ ਮਨੁੱਖ ਸਤਿਗੁਰੂ ਦੀ ਮਹਿਮਾ ਜਰ ਨਹੀਂ ਸਕਦੇ, ਉਹਨਾਂ ਨੂੰ ਲੋਕ ਪਰਲੋਕ ਵਿਚ ਟਿਕਾਣਾ ਨਹੀਂ ਮਿਲਦਾ।
14131	308	ਜੋ ਸਤਿਗੁਰਿ ਮਾਰੇ ਤਿਨ ਜਾਇ ਮਿਲਹਿ ਰਹਦੀ ਖੁਹਦੀ ਸਭ ਪਤਿ ਗਵਾਹੀ॥		Jo Sathigur Maarae Thin Jaae Milehi Rehadhee Khuhadhee Sabh Path Gavaahee ||	Those who go out to meet with those who have been cursed by the True Guru, lose all remnants of their honor.	ਗੁਰੂ ਤੋਂ ਜੋ ਵਿੱਛੜੇ ਹਨ, ਉਹਨਾਂ ਨੂੰ ਜੋ ਮਨੁੱਖ ਜਾ ਮਿਲਦੇ ਹਨ, ਉਹ ਭੀ ਆਪਣੀ ਮਾੜੀ ਮੋਟੀ ਸਾਰੀ ਇੱਜ਼ਤ ਗਵਾ ਲੈਂਦੇ ਹਨ,
14132	309	ਓਇ ਅਗੈ ਕੁਸਟੀ ਗੁਰ ਕੇ ਫਿਟਕੇ ਜਿ ਓਸੁ ਮਿਲੈ ਤਿਸੁ ਕੁਸਟੁ ਉਠਾਹੀ॥	(ਕੁਸਟੀ) ਕੋਹੜੀ। (ਉਠਾਹੀ) ਹੋ ਜਾਂਦਾ। ਕੁਸਟੀ ਕੁਸਟੁ: ਪੋਲੇ ਬੋਲੋ	Oue Agai Kusattee Gur Kae Fittakae J Ous Milai This Kusatt Outhaahee ||	They have already become like lepers; cursed by the Guru, whoever meets them is also afflicted with leprosy.	(ਕਿਉਂਕਿ) ਗੁਰੂ ਤੋਂ ਖੁੰਝੇ ਹੋਏ ਉਹ ਤਾਂ ਅੱਗੇ ਹੀ ਕੋਹੜੇ ਹਨ, ਜੋ ਕੋਈ ਅਜੇਹੇ ਮਨੁੱਖ ਦਾ ਸੰਗ ਕਰਦਾ ਹੈ ਉਸ ਨੂੰ ਭੀ ਕੋਹੜ ਚਮੋੜ ਦੇਂਦੇ ਹਨ।
14133	309	ਹਰਿ ਤਿਨ ਕਾ ਦਰਸਨੁ ਨਾ ਕਰਹੁ ਜੋ ਦੂਜੈ ਭਾਇ ਚਿਤੁ ਲਾਹੀ॥		Har Thin Kaa Dharasan Naa Karahu Jo Dhoojai Bhaae Chith Laahee ||	O Lord, I pray that I may not even catch sight of those, who focus their consciousness on the love of duality.	(ਹੇ ਸਿੱਖੋ!) ਰੱਬ ਕਰਕੇ ਉਹਨਾਂ ਦਾ ਦਰਸ਼ਨ ਭੀ ਨਾ ਕਰੋ ਜੋ (ਸਤਿਗੁਰੂ ਨੂੰ ਛੱਡ ਕੇ) ਮਾਇਆ ਦੇ ਪਿਆਰ ਵਿਚ ਚਿਤ ਜੋੜਦੇ ਹਨ।

14134	309	ਧੁਰਿ ਕਰਤੈ ਆਪਿ ਲਿਖਿ ਪਾਇਆ ਤਿਸੁ ਨਾਲਿ ਕਿਹੁ ਚਾਰਾ ਨਾਹੀ॥	(ਚਾਰਾ) ਉਪਾਉ	Dhhur Karathai Aap Likh Paaeiaa This Naal Kihu Chaaraa Naahee ||	That which the Creator pre-ordained from the very beginning - there can be no escape from that.	ਉਹਨਾਂ ਨਾਲ (ਭਾਵ, ਉਹਨਾਂ ਨੂੰ ਸੁਧਾਰਨ ਲਈ) ਕੋਈ ਉਪਾਵ ਕਾਰਗਰ ਨਹੀਂ ਹੋ ਸਕਦਾ, ਕਿਉਂਕਿ ਕਰਤਾਰ ਨੇ ਮੁੱਢ ਤੋਂ ਹੀ (ਉਹਨਾਂ ਦੇ ਕੀਤੇ ਕਰਮਾਂ ਅਨੁਸਾਰ ਇਹੋ ਜਿਹੇ ਦੂਜੇ ਭਾਵ ਦੇ ਸੰਸਕਾਰ ਹੀ ਉਹਨਾਂ ਦੇ ਮਨ ਵਿਚ) ਲਿਖ ਕੇ ਪਾ ਦਿੱਤੇ ਹਨ।
14135	309	ਜਨ ਨਾਨਕ ਨਾਮੁ ਅਰਾਧਿ ਤੂ ਤਿਸੁ ਅਪੜਿ ਕੋ ਨ ਸਕਾਹੀ॥	ਅੱਪੜਿ	Jan Naanak Naam Araadhh Thoo This Aparr Ko N Sakaahee ||	O servant Nanak, worship and adore the Naam, the Name of the Lord; no one can equal it.	ਹੇ ਦਾਸ ਨਾਨਕ! ਤੂੰ ਨਾਮ ਜਪ, ਨਾਮ ਜਪਣ ਵਾਲੇ ਦੀ ਬਰਾਬਰੀ ਕੋਈ ਨਹੀਂ ਕਰ ਸਕਦਾ।
14136	309	ਨਾਵੈ ਕੀ ਵਡਿਆਈ ਵਡੀ ਹੈ ਨਿਤ ਸਵਾਈ ਚੜੈ ਚੜਾਹੀ॥੨॥	ਚੜੈ। ਚੜ੍ਹਾਹੀ	Naavai Kee Vaddiaaee Vaddee Hai Nith Savaaee Charrai Charraahee ||2||	Great is the greatness of His Name; it increases, day by day. ||2||	ਨਾਮ ਦੀ ਮਹਿਮਾ ਬਹੁਤ ਵੱਡੀ ਹੈ, ਦਿਨੇ ਦਿਨ ਵਧਦੀ ਜਾਂਦੀ ਹੈ ॥੨॥
14137	309	ਮਃ ੪॥		Ma 4 ||	Fourth Mehl:	

14138	309	ਜਿ ਹੋਂਦੈ ਗੁਰੂ ਬਹਿ ਟਿਕਿਆ ਤਿਸੁ ਜਨ ਕੀ ਵਡਿਆਈ ਵਡੀ ਹੋਈ॥	ਟਿੱਕਿਆ	J Honadhai Guroo Behi Ttikiaa This Jan Kee Vaddiaaee Vaddee Hoee ||	Great is the greatness of that humble being, whom the Guru Himself anointed in His Presence.	ਜਿਸ ਮਨੁੱਖ ਨੂੰ ਸਤਿਗੁਰੂ ਨੇ ਆਪ ਹੁੰਦਿਆਂ ਬਹਿ ਕੇ (ਭਾਵ, ਆਪਣੀ ਜ਼ਿੰਦਗੀ ਵਿਚ ਆਪਣੀ ਹੱਥੀਂ) ਤਿਲਕ ਦਿੱਤਾ ਹੋਵੇ, ਉਸ ਦੀ ਬਹੁਤ ਸੋਭਾ ਹੁੰਦੀ ਹੈ।
14139	309	ਤਿਸੁ ਕਉ ਜਗਤੁ ਨਿਵਿਆ ਸਭੁ ਪੈਰੀ ਪਇਆ ਜਸੁ ਵਰਤਿਆ ਲੋਈ॥	ਜੱਗਤੁ। ਪੈਰੀਂ	This Ko Jagath Niviaa Sabh Pairee Paeiaa Jas Varathiaa Loee ||	All the world comes and bows to him, falling at his feet. His praises spread throughout the world.	ਉਸ ਦੇ ਅੱਗੇ ਸਾਰਾ ਸੰਸਾਰ ਨਿਉਂਦਾ ਹੈ ਤੇ ਉਸ ਦੀ ਚਰਨੀਂ ਲੱਗਦਾ ਹੈ, ਉਸ ਦੀ ਸੋਭਾ ਸਾਰੇ ਜਗਤ ਵਿਚ ਖਿੱਲਰ ਜਾਂਦੀ ਹੈ।
14140	309	ਤਿਸ ਕਉ ਖੰਡ ਬ੍ਰਹਮੰਡ ਨਮਸਕਾਰੁ ਕਰਹਿ ਜਿਸ ਕੈ ਮਸਤਕਿ ਹਥੁ ਧਰਿਆ ਗੁਰਿ ਪੂਰੈ ਸੋ ਪੂਰਾ ਹੋਈ॥		This Ko Khandd Brehamandd Namasakaar Karehi Jis Kai Masathak Hathh Dhhariaa Gur Poorai So Pooraa Hoee ||	The galaxies and solar systems bow in reverence to him; the Perfect Guru has placed His hand upon his head, and he has become perfect.	ਜਿਸ ਦੇ ਮਥੇ ਤੇ ਪੂਰੇ ਸਤਿਗੁਰੂ ਨੇ ਹੱਥ ਰੱਖਿਆ ਹੋਵੇ (ਭਾਵ, ਜਿਸ ਦੀ ਸਹਾਇਤਾ ਸਤਿਗੁਰੂ ਨੇ ਕੀਤੀ) ਉਹ (ਸਭ ਗੁਣਾਂ ਵਿਚ) ਪੂਰਨ ਹੋ ਗਿਆ ਤੇ ਸਭ ਖੰਡਾਂ-ਬ੍ਰਹਮੰਡਾਂ ਦੇ ਜੀਆ-ਜੰਤ ਉਸ ਨੂੰ ਨਮਸਕਾਰ ਕਰਦੇ ਹਨ।

14141	309	ਗੁਰ ਕੀ ਵਡਿਆਈ ਨਿਤ ਚੜੈ ਸਵਾਈ ਅਪੜਿ ਕੋ ਨ ਸਕੋਈ॥		Gur Kee Vaddiaaee Nith Charrai Savaaee Aparr Ko N Sakoee ||	The glorious greatness of the Guru increases day by day; no one can equal it.	ਸਤਿਗੁਰੂ ਦੀ ਵਡਿਆਈ ਦਿਨੋ-ਦਿਨ ਵਧਦੀ ਹੈ, ਕੋਈ ਮਨੁੱਖ ਉਸ ਦੀ ਬਰਾਬਰੀ ਨਹੀਂ ਕਰ ਸਕਦਾ,
14142	309	ਜਨੁ ਨਾਨਕੁ ਹਰਿ ਕਰਤੈ ਆਪਿ ਬਹਿ ਟਿਕਿਆ ਆਪੇ ਪੈਜ ਰਖੈ ਪ੍ਰਭੁ ਸੋਈ॥੩॥	ਟਿੱਕਿਆ	Jan Naanak Har Karathai Aap Behi Ttikiaa Aapae Paij Rakhai Prabh Soee ||3||	O servant Nanak, the Creator Lord Himself established him; God preserves his honor. ||3||	(ਕਿਉਂਕਿ) ਆਪਣੇ ਸੇਵਕ ਨਾਨਕ ਨੂੰ ਸਿਰਜਨਹਾਰ ਪ੍ਰਭੂ ਨੇ ਆਪ ਮਾਣ ਬਖ਼ਸ਼ਿਆ ਹੈ, (ਇਸ ਕਰਕੇ) ਪ੍ਰਭੂ ਆਪ ਲਾਜ ਰੱਖਦਾ ਹੈ ॥੩॥
14143	309	ਪਉੜੀ॥		Pourree ||	Pauree:	
14144	309	ਕਾਇਆ ਕੋਟੁ ਅਪਾਰੁ ਹੈ ਅੰਦਰਿ ਹਟਨਾਲੇ॥	(ਕੋਟੁ) ਕਿਲਾ। ਸਤਿ, ਸੰਤੋਖ, ਦਇਆ, ਧਰਮ, ਨਿਮ੍ਰਤਾ, ਸਹਿਨਸ਼ੀਲਤਾ, ਗ੍ਰੀਬੀ, ਪ੍ਰੇਮ, ਵਿਰਾਗ, ਤਿਆਗ, ਨਿਰਅਭਿਮਾਨਤਾ, ਖਿਮਾ, ਧਰਿਜ, ਨਿਰਵੈਰਤਾ, ਨਿਰਲੇਪਤਾ ਆਦਿ ਸ਼ੁਭ ਗੁਣਾਂ ਰੂਪੀ (ਹੱਟਨਾਲੇ) ਬਜ਼ਾਰ	Kaaeiaa Kott Apaar Hai Andhar Hattanaalae ||	The human body is a great fortress, with its shops and streets within.	(ਮਨੁੱਖਾ) ਸਰੀਰ ਇਕ ਸੁੰਦਰ ਕਿਲ੍ਹਾ ਹੈ, ਜਿਸ ਵਿਚ (ਮਾਨੋ, ਸੁੰਦਰ) ਬਾਜ਼ਾਰ ਭੀ ਹਨ, (ਭਾਵ, ਗਿਆਨ-ਇੰਦਰੇ ਹੱਟੀਆਂ ਦੀਆਂ ਕਤਾਰਾਂ ਹਨ)।

14145	309	ਗੁਰਮੁਖਿ ਸਉਦਾ ਜੋ ਕਰੇ ਹਰਿ ਵਸਤੁ ਸਮਾਲੇ॥	ਸਮੱਾਲੇ	Guramukh Soudhaa Jo Karae Har Vasath Samaalae ||	The Gurmukh who comes to trade gathers the cargo of the Lord's Name.	ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੋ ਕੇ ਵਪਾਰ ਕਰਦਾ ਹੈ; ਉਹ ਹਰੀ ਦਾ ਨਾਮ-ਵੱਖਰ ਸਾਂਭ ਲੈਂਦਾ ਹੈ।
14146	309	ਨਾਮੁ ਨਿਧਾਨੁ ਹਰਿ ਵਣਜੀਐ ਹੀਰੇ ਪਰਵਾਲੇ॥	ਸ਼ੁਭ ਗੁਣ ਰੂਪ (ਪਰਵਾਲੇ) ਮੂੰਗੇ, ਸੁੱਚੇ ਨਗ	Naam Nidhhaan Har Vanajeeai Heerae Paravaalae ||	He deals in the treasure of the Lord's Name, the jewels and the diamonds.	(ਸਰੀਰ ਕਿਲ੍ਹੇ ਵਿਚ ਹੀ) ਪ੍ਰਭੂ ਦੇ ਨਾਮ ਦਾ ਖ਼ਜ਼ਾਨਾ ਵਣਜਿਆ ਜਾ ਸਕਦਾ ਹੈ, (ਇਹੋ ਵੱਖਰ ਸਦਾ ਨਾਲ ਨਿਭਣ ਵਾਲੇ) ਹੀਰੇ ਤੇ ਮੂੰਗੇ ਹਨ।
14147	309	ਵਿਣੁ ਕਾਇਆ ਜਿ ਹੋਰ ਥੈ ਧਨੁ ਖੋਜਦੇ ਸੇ ਮੂੜ ਬੇਤਾਲੇ॥		Vin Kaaeiaa J Hor Thhai Dhhan Khojadhae Sae Moorr Baethaalae ||	Those who search for this treasure outside of the body, in other places, are foolish demons.	ਜੋ ਮਨੁੱਖ ਇਸ ਵੱਖਰ ਨੂੰ ਸਰੀਰ ਤੋਂ ਬਿਨਾ ਕਿਸੇ ਹੋਰ ਥਾਂ ਭਾਲਦੇ ਹਨ, ਉਹ ਮੂਰਖ ਹਨ ਤੇ (ਮਨੁੱਖਾ ਸਰੀਰ ਵਿਚ ਆਏ ਹੋਏ) ਭੂਤ ਹਨ।
14148	309	ਸੇ ਉਝੜਿ ਭਰਮਿ ਭਵਾਈਅਹਿ ਜਿਉ ਝਾੜ ਮਿਰਗੁ ਭਾਲੇ॥੧੫॥	ਭਾਲੇ: ਪੋਲਾ ਬੋਲੋ	Sae Oujharr Bharam Bhavaaeeahi Jio Jhaarr Mirag Bhaalae ||15||	They wander around in the wilderness of doubt, like the deer who searches for the musk in the bushes. ||15||	ਜਿਵੇਂ (ਕਸਤੂਰੀ ਨੂੰ ਆਪਣੀ ਹੀ ਨਾਭੀ ਵਿਚ ਨਾਹ ਜਾਣਦਾ ਹੋਇਆ) ਹਰਨ (ਕਸਤੂਰੀ ਦੀ ਵਾਸ਼ਨਾ ਲਈ) ਝਾੜਾਂ ਨੂੰ ਭਾਲਦਾ ਫਿਰਦਾ ਹੈ, ਤਿਵੇਂ ਇਹੋ ਜਿਹੇ ਮਨੁੱਖ ਭਰਮ ਵਿਚ (ਫਸੇ ਹੋਏ) ਬਨਾਂ ਵਿਚ ਭਉਂਦੇ ਫਿਰਦੇ ਹਨ ॥੧੫॥
14149	309	ਸਲੋਕ ਮਃ ੪॥		Salok Ma 4 ||	Shalok, Fourth Mehl:	

14150	309	ਜੋ ਨਿੰਦਾ ਕਰੇ ਸਤਿਗੁਰ ਪੂਰੇ ਕੀ ਸੁ ਅਉਖਾ ਜਗ ਮਹਿ ਹੋਇਆ॥		Jo Nindhaa Karae Sathigur Poorae Kee S Aoukhaa Jag Mehi Hoeiaa ||	One who slanders the Perfect True Guru, shall have difficulty in this world.	ਜੋ ਮਨੁੱਖ ਪੂਰੇ ਸਤਿਗੁਰੂ ਦੀ ਨਿੰਦਾ ਕਰਦਾ ਹੈ, ਉਹ ਸੰਸਾਰ ਵਿਚ (ਭਾਵ, ਸਾਰੀ ਉਮਰ) ਦੁਖੀ ਰਹਿੰਦਾ ਹੈ।
14151	309	ਨਰਕ ਘੋਰੁ ਦੁਖ ਖੂਹੁ ਹੈ ਓਥੈ ਪਕੜਿ ਓਹੁ ਢੋਇਆ॥		Narak Ghor Dhukh Khoohu Hai Outhhai Pakarr Ouhu Dtoeiaa ||	He is caught and thrown into the most horrible hell, the well of pain and suffering.	ਦੁੱਖਾਂ ਦਾ ਖੂਹ-ਰੂਪ ਜੋ ਘੋਰ ਨਰਕ ਹੈ, ਉਸ ਨਿੰਦਕ ਨੂੰ ਪਕੜ ਕੇ ਉਸ (ਖੂਹ) ਵਿਚ ਪਾਇਆ ਜਾਂਦਾ ਹੈ,
14152	309	ਕੂਕ ਪੁਕਾਰ ਕੋ ਨ ਸੁਣੇ ਓਹੁ ਅਉਖਾ ਹੋਇ ਹੋਇ ਰੋਇਆ॥		Kook Pukaar Ko N Sunae Ouhu Aoukhaa Hoe Hoe Roeiaa ||	No one listens to his shrieks and cries; he cries out in pain and misery.	(ਜਿਥੇ) ਉਸ ਦੇ ਹਾੜੇ-ਤਰਲਿਆਂ ਵਲ ਕੋਈ ਗਹੁ ਨਹੀਂ ਕਰਦਾ, ਤੇ ਉਹ ਜਿਉਂ ਜਿਉਂ ਦੁਖੀ ਹੁੰਦਾ ਹੈ, ਤਿਉਂ ਤਿਉਂ (ਵਧੀਕ) ਰੋਂਦਾ ਹੈ।
14153	309	ਓਨਿ ਹਲਤੁ ਪਲਤੁ ਸਭੁ ਗਵਾਇਆ ਲਾਹਾ ਮੂਲੁ ਸਭੁ ਖੋਇਆ॥		Oun Halath Palath Sabh Gavaaeiaa Laahaa Mool Sabh Khoeiaa ||	He totally loses this world and the next; he has lost all of his investment and profit.	ਲੋਕ ਤੇ ਪਰਲੋਕ, ਭਜਨ-ਰੂਪ ਲਾਭ ਤੇ ਮਨੁੱਖਾ ਜਨਮ-ਰੂਪ ਮੂਲ-ਇਹ ਸਭ ਕੁਝ ਨਿੰਦਕ ਨੇ ਗਵਾ ਲਏ ਹੁੰਦੇ ਹਨ।

14154	309	ਓਹੁ ਤੇਲੀ ਸੰਦਾ ਬਲਦੁ ਕਰਿ ਨਿਤ ਭਲਕੇ ਉਠਿ ਪ੍ਰਭਿ ਜੋਇਆ॥	(ਸੰਦਾ) ਦਾ। (ਜੋਇਆ) ਜੋੜਿਆ। ਤੇੱਲੀ	Ouhu Thaelee Sandhaa Baladh Kar Nith Bhalakae Outh Prabh Joeiaa ||	He is like the ox at the oil-press; each morning when he rises, God places the yoke upon him.	ਤੇਲੀ ਦਾ ਬਲਦ ਬਣਾ ਕੇ ਨਿੱਤ ਨਵੇਂ-ਸੂਰਜ ਉਹ ਪ੍ਰਭੂ ਦੇ ਹੁਕਮ ਵਿਚ ਜੋਇਆ ਜਾਂਦਾ ਹੈ (ਭਾਵ, ਜਿਵੇਂ ਤੇਲੀ ਦਾ ਬਲਦ ਹਰ ਰੋਜ਼ ਸਵੇਰੇ ਕੋਹਲੂ ਅੱਗੇ ਜੁਪਦਾ ਹੈ, ਤਿਵੇਂ ਉਹ ਨਿੰਦਕ ਨਿੱਤ ਨਿੰਦਾ ਦੇ ਗੇੜ ਵਿਚ ਪੈ ਕੇ ਦੁੱਖ ਸਹਿੰਦਾ ਹੈ)।
14155	309	ਹਰਿ ਵੇਖੈ ਸੁਣੈ ਨਿਤ ਸਭੁ ਕਿਛੁ ਤਿਦੂੰ ਕਿਛੁ ਗੁਝਾ ਨ ਹੋਇਆ॥	ਤਿਦੂੰ ਗੁੱਝਾ	Har Vaekhai Sunai Nith Sabh Kishh Thidhoo Kishh Gujhaa N Hoeiaa ||	The Lord always sees and hears everything; nothing can be concealed from Him.	ਹਰੀ ਸਦਾ (ਇਹ) ਸਭ ਕੁਝ ਵੇਖਦਾ ਤੇ ਸੁਣਦਾ ਹੈ, ਉਸ ਤੋਂ ਕੋਈ ਗੱਲ ਲੁਕੀ ਨਹੀਂ ਰਹਿ ਸਕਦੀ।
14156	309	ਜੈਸਾ ਬੀਜੇ ਸੋ ਲੁਣੈ ਜੇਹਾ ਪੁਰਬਿ ਕਿਨੈ ਬੋਇਆ॥	(ਲੁਣੈ) ਵੱਢਦਾ। (ਬੋਇਆ) ਬੀਜਿਆ	Jaisaa Beejae So Lunai Jaehaa Purab Kinai Boeiaa ||	As you plant, so shall you harvest, according to what you planted in the past.	(ਇਹ ਪ੍ਰਭੂ ਦੇ ਹੁਕਮ ਵਿਚ ਹੀ ਹੈ ਕਿ) ਜਿਹਾ ਬੀਜ ਕਿਸੇ ਜੀਵ ਨੇ ਮੁੱਢ ਤੋਂ ਬੀਜਿਆ ਹੈ ਤੇ ਜਿਹਾ ਹੁਣ ਬੀਜ ਰਿਹਾ ਹੈ, ਉਹੋ ਜਿਹਾ ਫਲ ਉਹ ਖਾਂਦਾ ਹੈ।
14157	309	ਜਿਸੁ ਕ੍ਰਿਪਾ ਕਰੇ ਪ੍ਰਭੁ ਆਪਣੀ ਤਿਸੁ ਸਤਿਗੁਰ ਕੇ ਚਰਣ ਧੋਇਆ॥		Jis Kirapaa Karae Prabh Aapanee This Sathigur Kae Charan Dhhoeiaa ||	One who is blessed by God's Grace washes the feet of the True Guru.	ਜਿਸ ਮਨੁੱਖ ਤੇ ਪ੍ਰਭੂ ਆਪਣੀ ਮਿਹਰ ਕਰੇ, ਉਹ ਸਤਿਗੁਰੂ ਦੇ ਚਰਨ ਧੋਂਦਾ ਹੈ।

14158	309	ਗੁਰ ਸਤਿਗੁਰ ਪਿਛੈ ਤਰਿ ਗਇਆ ਜਿਉ ਲੋਹਾ ਕਾਠ ਸੰਗੋਇਆ॥		Gur Sathigur Pishhai Thar Gaeiaa Jio Lohaa Kaath Sangoeiaa ||	He is carried across by the Guru, the True Guru, like iron which is carried across by wood.	ਜਿਵੇਂ ਲੋਹਾ ਕਾਠ ਦੇ ਸੰਗ ਤਰਦਾ ਹੈ ਤਿਵੇਂ ਉਹ ਸਤਿਗੁਰੂ ਦੇ ਪੂਰਨਿਆਂ ਤੇ ਤੁਰ ਕੇ (ਸੰਸਾਰ-ਸਾਗਰ ਤੋਂ) ਤਰ ਜਾਂਦਾ ਹੈ।
14159	309	ਜਨ ਨਾਨਕ ਨਾਮੁ ਧਿਆਇ ਤੂ ਜਪਿ ਹਰਿ ਹਰਿ ਨਾਮਿ ਸੁਖੁ ਹੋਇਆ॥੧॥		Jan Naanak Naam Dhhiaae Thoo Jap Har Har Naam Sukh Hoeiaa ||1||	O servant Nanak, meditate on the Naam, the Name of the Lord; chanting the Name of the Lord, Har, Har, peace is obtained. ||1||	(ਇਸ ਵਾਸਤੇ) ਹੇ ਦਾਸ ਨਾਨਕ! ਤੂੰ ਨਾਮ ਜਪੁ (ਕਿਉਂਕਿ) ਪ੍ਰਭੂ ਦਾ ਨਾਮ ਜਪਿਆਂ ਸੁਖ ਮਿਲਦਾ ਹੈ ॥੧॥
14160	309	ਮਃ ੪॥		Ma 4 ||	Fourth Mehl:	
14161	309	ਵਡਭਾਗੀਆ ਸੋਹਾਗਣੀ ਜਿਨਾ ਗੁਰਮੁਖਿ ਮਿਲਿਆ ਹਰਿ ਰਾਇ॥		Vaddabhaageeaa Sohaaganee Jinaa Guramukh Miliaa Har Raae ||	Very fortunate is the soul-bride, who, as Gurmukh, meets the Lord, her King.	ਸਤਿਗੁਰੂ ਦੇ ਸਨਮੁਖ ਰਹਿ ਕੇ ਜਿਨ੍ਹਾਂ ਨੂੰ ਪ੍ਰਕਾਸ਼-ਰੂਪ ਪ੍ਰਭੂ ਮਿਲ ਪਿਆ ਹੈ, ਉਹ ਜੀਵ-ਇਸਤ੍ਰੀਆਂ ਵੱਡੇ ਭਾਗਾਂ ਵਾਲੀਆਂ ਤੇ ਜੀਊਂਦੇ ਖਸਮ ਵਾਲੀਆਂ ਹਨ।
14162	309	ਅੰਤਰ ਜੋਤਿ ਪ੍ਰਗਾਸੀਆ ਨਾਨਕ ਨਾਮਿ ਸਮਾਇ॥੨॥		Anthar Joth Pragaaseeaa Naanak Naam Samaae ||2||	Her inner being is illiminated with His Divine Light; O Nanak, she is absorbed in His Name. ||2||	ਹੇ ਨਾਨਕ! ਨਾਮ ਵਿਚ ਲੀਨ ਹੋਇਆਂ ਉਹਨਾਂ ਦੇ ਹਿਰਦੇ ਦੀ ਜੋਤਿ ਜਗ ਪੈਂਦੀ ਹੈ ॥੨॥

14163	309	ਪਉੜੀ॥		Pourree ||	Pauree:	
14164	309	ਇਹੁ ਸਰੀਰੁ ਸਭੁ ਧਰਮੁ ਹੈ ਜਿਸੁ ਅੰਦਰਿ ਸਚੇ ਕੀ ਵਿਚਿ ਜੋਤਿ॥		Eihu Sareer Sabh Dhharam Hai Jis Andhar Sachae Kee Vich Joth ||	This body is the home of Dharma; the Divine Light of the True Lord is within it.	ਇਹ ਸਾਰਾ (ਮਨੁੱਖਾ) ਸਰੀਰ ਧਰਮ (ਕਮਾਉਣ ਦੀ ਥਾਂ) ਹੈ, ਇਸ ਵਿਚ ਸੱਚੇ ਪ੍ਰਭੂ ਦੀ ਜੋਤਿ ਲੁਕੀ ਹੋਈ ਹੈ।
14165	309	ਗੁਹਜ ਰਤਨ ਵਿਚਿ ਲੁਕਿ ਰਹੇ ਕੋਈ ਗੁਰਮੁਖਿ ਸੇਵਕੁ ਕਢੈ ਖੋਤਿ॥	(ਗੁਹਜ) ਗੁਪਤ। (ਖੋਤਿ) ਖੋਦ ਕੇ। ਲੁਕਿ: ਪੋਲਾ ਬੋਲੋ	Guhaj Rathan Vich Luk Rehae Koee Guramukh Saevak Kadtai Khoth ||	Hidden within it are the jewels of mystery; how rare is that Gurmukh, that selfless servant, who digs them out.	ਇਸ (ਸਰੀਰ) ਵਿਚ (ਦੈਵੀ ਗੁਣ-ਰੂਪ) ਗੁੱਝੇ ਲਾਲ ਲੁਕੇ ਹੋਏ ਹਨ। ਸਤਿਗੁਰੂ ਦੇ ਸਨਮੁਖ ਹੋਇਆਂ ਕੋਈ ਵਿਰਲਾ ਸੇਵਕ ਇਹਨਾਂ ਨੂੰ ਪੁੱਟ ਕੇ (ਭਾਵ, ਡੂੰਘੀ ਵਿਚਾਰ ਨਾਲ) ਕੱਢਦਾ ਹੈ।
14166	309	ਸਭੁ ਆਤਮ ਰਾਮੁ ਪਛਾਣਿਆ ਤਾਂ ਇਕੁ ਰਵਿਆ ਇਕੋ ਓਤਿ ਪੋਤਿ॥		Sabh Aatham Raam Pashhaaniaa Thaan Eik Raviaa Eiko Outh Poth ||	When someone realizes the All-pervading Soul, then he sees the One and Only Lord permeating, through and through.	(ਜਦੋਂ ਉਹ ਸੇਵਕ ਇਹ ਲਾਲ ਲੱਭ ਲੈਂਦਾ ਹੈ) ਤਦੋਂ ਇਕ ਪ੍ਰਭੂ ਨੂੰ ਸਾਰੀ ਸ੍ਰਿਸ਼ਟੀ ਵਿਚ (ਇਸ ਤਰ੍ਹਾਂ) ਰਵਿਆ ਹੋਇਆ ਪਛਾਣਦਾ ਹੈ, ਜਿਵੇਂ ਤਾਣੇ ਤੇ ਪੇਟੇ ਵਿਚ ਇੱਕੋ ਸੂਤਰ ਹੁੰਦਾ ਹੈ।
14167	309	ਇਕੁ ਦੇਖਿਆ ਇਕੁ ਮੰਨਿਆ ਇਕੋ ਸੁਣਿਆ ਸ੍ਰਵਣ ਸਰੋਤਿ॥		Eik Dhaekhiaa Eik Manniaa Eiko Suniaa Sravan Saroth ||	He sees the One, he believes in the One, and with his ears, he listens only to the One.	(ਤਦੋਂ ਉਹ ਸੇਵਕ ਸਾਰੇ ਸੰਸਾਰ ਵਿਚ) ਇਕ ਹਰੀ ਨੂੰ ਹੀ ਵੇਖਦਾ ਹੈ, ਇਕ ਹਰੀ ਤੇ ਹੀ ਭਰੋਸਾ ਰੱਖਦਾ ਹੈ ਤੇ ਆਪਣੀ ਕੰਨੀਂ ਇਕ ਹਰੀ ਦੀਆਂ ਹੀ ਗੱਲਾਂ ਸੁਣਦਾ ਹੈ।

14168	310	ਜਨ ਨਾਨਕ ਨਾਮੁ ਸਲਾਹਿ ਤੂ ਸਚੁ ਸਚੇ ਸੇਵਾ ਤੇਰੀ ਹੋਤਿ॥੧੬॥		Jan Naanak Naam Salaahi Thoo Sach Sachae Saevaa Thaeree Hoth ||16||	O servant Nanak, praise the Naam, the Name of the Lord; this is your service to the Lord, the Truest of the True. ||16||	ਹੇ ਦਾਸ ਨਾਨਕ! ਤੂੰ (ਭੀ ਇਸੇ ਤਰ੍ਹਾਂ) ਨਾਮ ਦੀ ਉਸਤਤਿ ਕਰ, ਸੱਚ-ਮੁਚ ਤੇਰੀ ਇਹ ਸੇਵਾ ਪ੍ਰਭੂ ਦੇ ਦਰ ਤੇ ਕਬੂਲ ਹੋਵੇਗੀ ॥੧੬॥
14169	310	ਸਲੋਕ ਮਃ ੪॥		Salok Ma 4 ||	Shalok, Fourth Mehl:	
14170	310	ਸਭਿ ਰਸ ਤਿਨ ਕੈ ਰਿਦੈ ਹਹਿ ਜਿਨ ਹਰਿ ਵਸਿਆ ਮਨ ਮਾਹਿ॥		Sabh Ras Thin Kai Ridhai Hehi Jin Har Vasiaa Man Maahi ||	All joy is in the hearts of those, within whose minds the Lord abides.	ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ ਵੱਸ ਪਿਆ ਹੈ (ਭਾਵ, ਜਿਨ੍ਹਾਂ ਨੇ ਪ੍ਰਭੂ ਨੂੰ ਮਨ ਵਿਚ ਅਨੁਭਵ ਕਰ ਲਿਆ ਹੈ), ਸਾਰੇ ਰਸ ਉਹਨਾਂ ਦੇ ਅੰਦਰ ਹਨ (ਭਾਵ, ਸੰਸਾਰਕ ਪਦਾਰਥਾਂ ਦੇ ਰਸਾਂ ਦਾ ਸੁਆਦ ਲੈਣ ਲਈ ਉਹ ਜੀਵ ਆਪਣੇ ਮਨ ਨੂੰ ਮਾਇਆ ਵਲ ਦੌੜਨ ਨਹੀਂ ਦੇਂਦੇ, ਹਿਰਦੇ ਵਿਚ ਨਾਮ-ਰਸ ਦਾ ਆਨੰਦ ਲੈਂਦੇ ਹਨ, ਜੋ ਸਭ ਰਸਾਂ ਤੋਂ ਉੱਤਮ ਰਸ ਹੈ)।
14171	310	ਹਰਿ ਦਰਗਹਿ ਤੇ ਮੁਖ ਉਜਲੇ ਤਿਨ ਕਉ ਸਭਿ ਦੇਖਣ ਜਾਹਿ॥		Har Dharagehi Thae Mukh Oujalae Thin Ko Sabh Dhaekhan Jaahi ||	In the Court of the Lord, their faces are radiant, and everyone goes to see them.	ਹਰੀ ਦੀ ਦਰਗਾਹ ਵਿਚ ਉਹ ਖਿੜੇ-ਮੱਥੇ ਜਾਂਦੇ ਹਨ; ਤੇ ਸਾਰੇ ਲੋਕ ਉਹਨਾਂ ਦਾ ਦਰਸ਼ਨ ਲੋਚਦੇ ਹਨ।

14172	310	ਜਿਨ ਨਿਰਭਉ ਨਾਮੁ ਧਿਆਇਆ ਤਿਨ ਕਉ ਭਉ ਕੋਈ ਨਾਹਿ॥		Jin Nirabho Naam Dhhiaaeiaa Thin Ko Bho Koee Naahi ||	Those who meditate on the Name of the Fearless Lord have no fear.	ਜਿਨ੍ਹਾਂ ਨੇ ਨਿਰਭਉ ਪ੍ਰਭੂ ਦਾ ਨਾਮ ਸਿਮਰਿਆ ਹੈ, ਉਹਨਾਂ ਨੂੰ (ਆਪ ਨੂੰ ਭੀ) ਕੋਈ ਡਰ ਨਹੀਂ ਰਹਿ ਜਾਂਦਾ;
14173	310	ਹਰਿ ਉਤਮੁ ਤਿਨੀ ਸਰੇਵਿਆ ਜਿਨ ਕਉ ਧੁਰਿ ਲਿਖਿਆ ਆਹਿ॥	(ਸਰੇਵਿਆ) ਸੇਵਾ ਕੀਤੀ	Har Outham Thinee Saraeviaa Jin Ko Dhhur Likhiaa Aahi ||	Those who have such pre-destined destiny remember the Sublime Lord.	(ਪਰ ਇਹ) ਉੱਤਮ ਪ੍ਰਭੂ ਉਹਨਾਂ ਮਨੁੱਖਾਂ ਨੇ ਹੀ ਸਿਮਰਿਆ ਹੈ ਜਿਨ੍ਹਾਂ ਦੇ ਹਿਰਦੇ ਵਿਚ ਮੁੱਢ ਤੋਂ (ਚੰਗੇ ਕੀਤੇ ਹੋਏ ਕੰਮਾਂ ਦੇ ਸੰਸਕਾਰ) ਲਿਖੇ ਹੋਏ ਹਨ।
14174	310	ਤੇ ਹਰਿ ਦਰਗਹਿ ਪੈਨਾਈਅਹਿ ਜਿਨ ਹਰਿ ਵੁਠਾ ਮਨ ਮਾਹਿ॥	(ਪੈਨ੍ਹਾਈਅਹਿ) ਸਤਿਕਾਰੇ ਜਾਂਦੇ। (ਵੁੱਠਾ) ਵਸਿਆ	Thae Har Dharagehi Painaaeeahi Jin Har Vuthaa Man Maahi ||	Those, within whose minds the Lord abides, are robed with honor in the Court of the Lord.	ਜਿਨ੍ਹਾਂ ਦੇ ਮਨ ਵਿਚ ਪ੍ਰਭੂ ਵੱਸਦਾ ਹੈ (ਭਾਵ, ਪਰਗਟ ਹੁੰਦਾ ਹੈ) ਉਹਨਾਂ ਨੂੰ ਉਸ ਦੀ ਹਜ਼ੂਰੀ ਵਿਚ ਆਦਰ ਮਿਲਦਾ ਹੈ।
14175	310	ਓਇ ਆਪਿ ਤਰੇ ਸਭ ਕੁਟੰਬ ਸਿਉ ਤਿਨ ਪਿਛੈ ਸਭੁ ਜਗਤੁ ਛਡਾਹਿ॥	ਜੱਗਤੁ	Oue Aap Tharae Sabh Kuttanb Sio Thin Pishhai Sabh Jagath Shhaddaahi ||	They are carried across, along with all their family, and the whole world is saved along with them.	ਉਹ ਆਪ ਸਾਰੇ ਪਰਵਾਰ ਸਮੇਤ (ਸੰਸਾਰ-ਸਾਗਰ ਤੋਂ) ਪਾਰ ਲੰਘ ਜਾਂਦੇ ਹਨ ਤੇ ਆਪਣੇ ਪੂਰਨਿਆਂ ਤੇ ਤੋਰ ਕੇ ਸਾਰੇ ਸੰਸਾਰ ਨੂੰ (ਵਿਕਾਰਾਂ ਤੋਂ) ਬਚਾ ਲੈਂਦੇ ਹਨ।

14176	310	ਜਨ ਨਾਨਕ ਕਉ ਹਰਿ ਮੇਲਿ ਜਨ ਤਿਨ ਵੇਖਿ ਵੇਖਿ ਹਮ ਜੀਵਾਹਿ॥੧॥		Jan Naanak Ko Har Mael Jan Thin Vaekh Vaekh Ham Jeevaahi ||1||	O Lord, please unite servant Nanak with Your humble servants; beholding them, beholding them, I live. ||1||	ਹੇ ਹਰੀ! (ਇਹੋ ਜਿਹੇ ਆਪਣੇ) ਬੰਦੇ ਦਾਸ ਨਾਨਕ ਨੂੰ ਭੀ ਮਿਲਾ। ਅਸੀਂ ਉਹਨਾਂ ਨੂੰ ਵੇਖ ਵੇਖ ਕੇ ਜੀਵੀਏ ॥੧॥
14177	310	ਮਃ ੪॥		Ma 4 ||	Fourth Mehl:	
14178	310	ਸਾ ਧਰਤੀ ਭਈ ਹਰੀਆਵਲੀ ਜਿਥੈ ਮੇਰਾ ਸਤਿਗੁਰੁ ਬੈਠਾ ਆਇ॥	ਹਰੀ-ਆਵਲੀ: ਬਿਹਾਰੀ ਦੱਬ ਕੇ ਬੋਲੋ	Saa Dhharathee Bhee Hareeaavalee Jithhai Maeraa Sathigur Baithaa Aae ||	That land, where my True Guru comes and sits, becomes green and fertile.	ਜਿਸੁ ਭੋਏਂ ਤੇ ਪਿਆਰਾ ਸਤਿਗੁਰੂ ਆ ਕੇ ਬੈਠਾ ਹੈ, ਉਹ ਭੋਏਂ ਹਰੀ-ਭਰੀ ਹੋ ਗਈ ਹੈ।
14179	310	ਸੇ ਜੰਤ ਭਏ ਹਰੀਆਵਲੇ ਜਿਨੀ ਮੇਰਾ ਸਤਿਗੁਰੁ ਦੇਖਿਆ ਜਾਇ॥	ਹਰੀ-ਆਵਲੇ	Sae Janth Bheae Hareeaavalae Jinee Maeraa Sathigur Dhaekhiaa Jaae ||	Those beings who go and behold my True Guru are rejuvenated.	ਉਹ ਜੀਵ ਹਰੇ ਹੋ ਗਏ ਹਨ (ਭਾਵ, ਉਹਨਾਂ ਮਨੁੱਖਾਂ ਦੇ ਹਿਰਦੇ ਖਿੜ ਆਏ ਹਨ) ਜਿਨ੍ਹਾਂ ਜਾ ਕੇ ਪਿਆਰੇ ਸਤਿਗੁਰੂ ਦਾ ਦਰਸ਼ਨ ਕੀਤਾ ਹੈ।

14180	310	ਧਨੁ ਧੰਨੁ ਪਿਤਾ ਧਨੁ ਧੰਨੁ ਕੁਲੁ ਧਨੁ ਧਨੁ ਸੁ ਜਨਨੀ ਜਿਨਿ ਗੁਰੂ ਜਣਿਆ ਮਾਇ॥	ਕੁਲੁ: ਪੋਲਾ ਬੋਲੋ	Dhhan Dhhann Pithaa Dhhan Dhhann Kul Dhhan Dhhan S Jananee Jin Guroo Janiaa Maae ||	Blessed, blessed is the father; blessed, blessed is the family; blessed, blessed is the mother, who gave birth to the Guru.	ਹੇ ਮਾਂ! ਉਹ ਪਿਉ ਭਾਗਾਂ ਵਾਲਾ ਹੈ, ਉਹ ਕੁਲ ਭਾਗਾਂ ਵਾਲੀ ਹੈ ਜਿਸ ਨੇ ਸਤਿਗੁਰੂ ਜਣਿਆ ਹੈ।
14181	310	ਧਨੁ ਧੰਨੁ ਗੁਰੂ ਜਿਨਿ ਨਾਮੁ ਅਰਾਧਿਆ ਆਪਿ ਤਰਿਆ ਜਿਨੀ ਡਿਠਾ ਤਿਨਾ ਲਏ ਛਡਾਇ॥		Dhhan Dhhann Guroo Jin Naam Araadhhiaa Aap Thariaa Jinee Ddithaa Thinaa Leae Shhaddaae ||	Blessed, blessed is the Guru, who worships and adores the Naam; He saves Himself, and emancipates those who see Him.	ਉਹ ਸਤਿਗੁਰੂ ਧੰਨ ਹੈ ਜਿਸ ਨੇ ਪ੍ਰਭੂ ਦਾ ਨਾਮ ਸਿਮਰਿਆ ਹੈ; (ਨਾਮ ਸਿਮਰ ਕੇ) ਆਪ ਤਰਿਆ ਹੈ ਤੇ ਜਿਨ੍ਹਾਂ ਉਸ ਦਾ ਦਰਸ਼ਨ ਕੀਤਾ ਉਹਨਾਂ ਨੂੰ ਭੀ (ਵਿਕਾਰਾਂ ਤੋਂ) ਛੁਡਾ ਲੈਂਦਾ ਹੈ।
14182	310	ਹਰਿ ਸਤਿਗੁਰੁ ਮੇਲਹੁ ਦਇਆ ਕਰਿ ਜਨੁ ਨਾਨਕੁ ਧੋਵੈ ਪਾਇ॥੨॥		Har Sathigur Maelahu Dhaeiaa Kar Jan Naanak Dhhovai Paae ||2||	O Lord, be kind, and unite me with the True Guru, that servant Nanak may wash His feet. ||2||	ਹੇ ਹਰੀ! ਮਿਹਰ ਕਰ ਕੇ ਮੈਨੂੰ ਭੀ (ਅਜੇਹਾ) ਸਤਿਗੁਰੂ ਮਿਲਾਵੋ, ਦਾਸ ਨਾਨਕ ਉਸ ਦੇ ਪੈਰ ਧੋਵੇ ॥੨॥
14183	310	ਪਉੜੀ॥		Pourree ||	Pauree:	

14184	310	ਸਚੁ ਸਚਾ ਸਤਿਗੁਰੁ ਅਮਰੁ ਹੈ ਜਿਸੁ ਅੰਦਰਿ ਹਰਿ ਉਰਿ ਧਾਰਿਆ॥		Sach Sachaa Sathigur Amar Hai Jis Andhar Har Our Dhhaariaa ||	Truest of the True is the Immortal True Guru; He has enshrined the Lord deep within His heart.	ਸਤਿਗੁਰੂ ਸਦਾ-ਥਿਰ ਰਹਿਣ ਵਾਲੇ ਅਮਰ ਪ੍ਰਭੂ ਦਾ ਰੂਪ ਹੈ, (ਕਿਉਂਕਿ) ਉਸ ਨੇ ਪ੍ਰਭੂ ਨੂੰ ਆਪਣੇ ਅੰਦਰ ਹਿਰਦੇ ਵਿਚ ਪਰੋਤਾ ਹੋਇਆ ਹੈ,
14185	310	ਸਚੁ ਸਚਾ ਸਤਿਗੁਰੁ ਪੁਰਖੁ ਹੈ ਜਿਨਿ ਕਾਮੁ ਕ੍ਰੋਧੁ ਬਿਖੁ ਮਾਰਿਆ॥		Sach Sachaa Sathigur Purakh Hai Jin Kaam Krodhh Bikh Maariaa ||	Truest of the True is the True Guru, the Primal Being, who has conquered sexual desire, anger and corruption.	ਸਤਿਗੁਰੂ ਸਦਾ-ਥਿਰ ਰਹਿਣ ਵਾਲੇ ਵਿਆਪਕ ਪ੍ਰਭੂ ਦਾ ਰੂਪ ਹੈ, ਜਿਸ ਨੇ (ਹਿਰਦੇ ਵਿਚੋਂ ਕਾਮ ਕਰੋਧ ਆਦਿਕ ਦੇ) ਵਿਹੁ ਨੂੰ ਕੱਢ ਦਿੱਤਾ ਹੈ।
14186	310	ਜਾ ਡਿਠਾ ਪੂਰਾ ਸਤਿਗੁਰੂ ਤਾਂ ਅੰਦਰਹੁ ਮਨੁ ਸਾਧਾਰਿਆ॥	(ਸਾਧਾਰਿਆ) ਸਵਾਰਿਆ, ਸਹਿਤ ਆਸਰੇ ਟਿਕ ਗਿਆ	Jaa Ddithaa Pooraa Sathiguroo Thaan Andharahu Man Saadhhaariaa ||	When I see the Perfect True Guru, then deep within, my mind is comforted and consoled.	ਜਦੋਂ ਮੈਂ (ਅਜੇਹਾ ਇਹ) ਪੂਰਾ ਸਤਿਗੁਰੂ ਵੇਖਿਆ, ਤਦੋਂ ਮੇਰੇ ਮਨ ਨੂੰ ਅੰਦਰ ਧੀਰਜ ਆ ਗਈ।
14187	310	ਬਲਿਹਾਰੀ ਗੁਰ ਆਪਣੇ ਸਦਾ ਸਦਾ ਘੁਮਿ ਵਾਰਿਆ॥		Balihaaree Gur Aapanae Sadhaa Sadhaa Ghum Vaariaa ||	I am a sacrifice to my True Guru; I am devoted and dedicated to Him, forever and ever.	(ਇਸ ਲਈ) ਮੈਂ ਆਪਣੇ ਸਤਿਗੁਰੂ ਤੋਂ ਸਦਾ ਵਾਰਨੇ ਤੇ ਸਦਕੇ ਜਾਂਦਾ ਹਾਂ।

14188	310	ਗੁਰਮੁਖਿ ਜਿਤਾ ਮਨਮੁਖਿ ਹਾਰਿਆ॥੧੭॥	ਜਿੱਤਾ	Guramukh Jithaa Manamukh Haariaa ||17||	A Gurmukh wins the battle of life whereas a self-willed manmukh loses it. ||17||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਮਨੁੱਖਾ ਜਨਮ ਦੀ ਬਾਜ਼ੀ) ਜਿੱਤ ਜਾਂਦਾ ਹੈ ਤੇ ਮਨ ਦੇ ਪਿੱਛੇ ਤੁਰਨ ਵਾਲਾ ਹਾਰ ਜਾਂਦਾ ਹੈ ॥੧੭॥
14189	310	ਸਲੋਕ ਮਃ ੪॥		Salok Ma 4 ||	Shalok, Fourth Mehl:	
14190	310	ਕਰਿ ਕਿਰਪਾ ਸਤਿਗੁਰੁ ਮੇਲਿਓਨੁ ਮੁਖਿ ਗੁਰਮੁਖਿ ਨਾਮੁ ਧਿਆਇਸੀ॥	ਧਿਆਇਸੀ	Kar Kirapaa Sathigur Maelioun Mukh Guramukh Naam Dhhiaaeisee ||	By His Grace He leads us to meet the True Guru; then as Gurmukh, we chant the Lord's Name, and meditate on it.	ਜਿਸ ਮਨੁੱਖ ਨੂੰ ਕਿਰਪਾ ਕਰ ਕੇ ਉਸ ਪ੍ਰਭੂ ਨੇ ਸਤਿਗੁਰੂ ਮਿਲਾਇਆ ਹੈ, ਉਹ ਗੁਰੂ ਦੇ ਸਨਮੁਖ ਹੋ ਕੇ ਮੂੰਹੋਂ ਨਾਮ ਸਿਮਰਦਾ ਹੈ,
14191	310	ਸੋ ਕਰੇ ਜਿ ਸਤਿਗੁਰ ਭਾਵਸੀ ਗੁਰੁ ਪੂਰਾ ਘਰੀ ਵਸਾਇਸੀ॥	ਵਸਾਇਸੀ	So Karae J Sathigur Bhaavasee Gur Pooraa Gharee Vasaaeisee ||	We do that which pleases the True Guru; the Perfect Guru comes to dwell in the home of the heart.	ਤੇ ਉਹੋ ਕੁਝ ਕਰਦਾ ਹੈ ਜੋ ਸਤਿਗੁਰੂ ਨੂੰ ਚੰਗਾ ਲੱਗਦਾ ਹੈ, ਪੂਰਾ ਸਤਿਗੁਰੂ (ਅਗੋਂ) ਉਸ ਦੇ ਹਿਰਦੇ ਵਿਚ ('ਨਾਮੁ ਨਿਧਾਨ') ਵਸਾ ਦੇਂਦਾ ਹੈ।
14192	310	ਜਿਨ ਅੰਦਰਿ ਨਾਮੁ ਨਿਧਾਨੁ ਹੈ ਤਿਨ ਕਾ ਭਉ ਸਭੁ ਗਵਾਇਸੀ॥	ਗਵਾਇਸੀ	Jin Andhar Naam Nidhhaan Hai Thin Kaa Bho Sabh Gavaaeisee ||	Those who have the treasure of the Naam deep within - all their fears are removed.	ਜਿਨ੍ਹਾਂ ਦੇ ਹਿਰਦੇ ਵਿਚ ਨਾਮ ਦਾ ਖ਼ਜ਼ਾਨਾ (ਵੱਸ ਪੈਂਦਾ) ਹੈ, ਸਤਿਗੁਰੂ ਉਹਨਾਂ ਦਾ ਸਾਰਾ ਡਰ ਦੂਰ ਕਰ ਦੇਂਦਾ ਹੈ।

14193	310	ਜਿਨ ਰਖਣ ਕਉ ਹਰਿ ਆਪਿ ਹੋਇ ਹੋਰ ਕੇਤੀ ਝਖਿ ਝਖਿ ਜਾਇਸੀ॥	ਝਖਿ: ਪੋਲਾ ਬੋਲੋ	Jin Rakhan Ko Har Aap Hoe Hor Kaethee Jhakh Jhakh Jaaeisee ||	They are protected by the Lord Himself; others struggle and fight against them, but they only come to death.	ਜਿਨ੍ਹਾਂ ਦੀ ਰੱਖਿਆ ਕਰਨ ਲਈ ਪ੍ਰਭੂ ਆਪ (ਤਿਆਰ) ਹੋਵੇ, ਹੋਰ ਕਿਤਨੀ ਹੀ ਦੁਨੀਆ ਖਪ ਖਪ ਮਰੇ (ਪਰ ਉਹਨਾਂ ਦਾ ਕੁਝ ਵਿਗਾੜ ਨਹੀਂ ਸਕਦੀ)।
14194	310	ਜਨ ਨਾਨਕ ਨਾਮੁ ਧਿਆਇ ਤੂ ਹਰਿ ਹਲਤਿ ਪਲਤਿ ਛੋਡਾਇਸੀ॥੧॥	ਛੋਡਾਇਸੀ	Jan Naanak Naam Dhhiaae Thoo Har Halath Palath Shhoddaaeisee ||1||	O servant Nanak, meditate on the Naam; the Lord shall deliver you, here and hereafter. ||1||	(ਇਸ ਵਾਸਤੇ) ਹੇ ਨਾਨਕ! ਤੂੰ ਨਾਮ ਜਪ, ਪ੍ਰਭੂ ਇਸ ਲੋਕ ਵਿਚ ਤੇ ਪਰਲੋਕ ਵਿਚ (ਹਰੇਕ ਕਿਸਮ ਦੇ ਡਰ ਤੋਂ) ਬਚਾ ਲਏਗਾ ॥੧॥
14195	310	ਮਃ ੪॥		Ma 4 ||	Fourth Mehl:	
14196	310	ਗੁਰਸਿਖਾ ਕੈ ਮਨਿ ਭਾਵਦੀ ਗੁਰ ਸਤਿਗੁਰ ਕੀ ਵਡਿਆਈ॥		Gurasikhaa Kai Man Bhaavadhee Gur Sathigur Kee Vaddiaaee ||	The glorious greatness of the Guru the True Guru is pleasing to the GurSikh's mind.	ਗੁਰਸਿੱਖਾਂ ਦੇ ਮਨ ਵਿਚ ਆਪਣੇ ਸਤਿਗੁਰੂ ਦੀ ਵਡਿਆਈ ਪਿਆਰੀ ਲੱਗਦੀ ਹੈ।
14197	310	ਹਰਿ ਰਾਖਹੁ ਪੈਜ ਸਤਿਗੁਰੂ ਕੀ ਨਿਤ ਚੜੈ ਸਵਾਈ॥	ਚੜੈ	Har Raakhahu Paij Sathiguroo Kee Nith Charrai Savaaee ||	The Lord preserves the honor of the True Guru, which increases day by day.	ਹੇ ਪ੍ਰਭੂ! ਤੂੰ ਸਤਿਗੁਰੂ ਦੀ ਪੈਜ ਰੱਖਦਾ ਹੈਂ, ਤੇ ਸਤਿਗੁਰੂ ਦੀ ਵਡਿਆਈ ਦਿਨੋ ਦਿਨ ਵਧਦੀ ਹੈ।

14198	310	ਗੁਰ ਸਤਿਗੁਰ ਕੈ ਮਨਿ ਪਾਰਬ੍ਰਹਮੁ ਹੈ ਪਾਰਬ੍ਰਹਮੁ ਛਡਾਈ॥		Gur Sathigur Kai Man Paarabreham Hai Paarabreham Shhaddaaee ||	The Supreme Lord God is in the Mind of the Guru, the True Guru; the Supreme Lord God saves Him.	ਜੋ ਪਾਰਬ੍ਰਹਮ (ਸਭ ਜੀਵਾਂ ਨੂੰ ਵਿਕਾਰ ਆਦਿਕਾਂ ਤੋਂ) ਬਚਾ ਲੈਂਦਾ ਹੈ, ਉਹ ਪਾਰਬ੍ਰਹਮ ਗੁਰੂ ਸਤਿਗੁਰੂ ਦੇ ਮਨ ਵਿਚ (ਸਦਾ ਵੱਸਦਾ ਹੈ)।
14199	310	ਗੁਰ ਸਤਿਗੁਰ ਤਾਣੁ ਦੀਬਾਣੁ ਹਰਿ ਤਿਨਿ ਸਭ ਆਣਿ ਨਿਵਾਈ॥	(ਤਾਣੁ) ਬਲ। (ਦੀਬਾਣੁ) ਆਸਰਾ	Gur Sathigur Thaan Dheebaan Har Thin Sabh Aan Nivaaee ||	The Lord is the Power and Support of the Guru, the True Guru; all come to bow before Him.	ਪ੍ਰਭੂ ਹੀ ਸਤਿਗੁਰੂ ਦਾ ਬਲ ਤੇ ਆਸਰਾ ਹੈ, ਉਸ ਪ੍ਰਭੂ ਨੇ ਹੀ ਸਾਰੇ ਜੀਵ ਸਤਿਗੁਰੂ ਅੱਗੇ ਲਿਆ ਨਿਵਾਏ ਹਨ।
14200	310	ਜਿਨੀ ਡਿਠਾ ਮੇਰਾ ਸਤਿਗੁਰੁ ਭਾਉ ਕਰਿ ਤਿਨ ਕੇ ਸਭਿ ਪਾਪ ਗਵਾਈ॥		Jinee Ddithaa Maeraa Sathigur Bhaao Kar Thin Kae Sabh Paap Gavaaee ||	Those who have gazed lovingly upon my True Guru - all their sins are taken away.	ਜਿਨ੍ਹਾਂ ਨੇ (ਹਿਰਦੇ ਵਿਚ) ਪਿਆਰ ਰੱਖ ਕੇ ਪਿਆਰੇ ਸਤਿਗੁਰੂ ਦਾ ਦਰਸ਼ਨ ਕੀਤਾ ਹੈ, ਸਤਿਗੁਰੂ ਉਹਨਾਂ ਦੇ ਸਾਰੇ ਪਾਪ ਦੂਰ ਕਰ ਦੇਂਦਾ ਹੈ।
14201	310	ਹਰਿ ਦਰਗਹ ਤੇ ਮੁਖ ਉਜਲੇ ਬਹੁ ਸੋਭਾ ਪਾਈ॥		Har Dharageh Thae Mukh Oujalae Bahu Sobhaa Paaee ||	Their faces are radiant in the Court of the Lord, and they obtain great glory.	ਹਰੀ ਦੀ ਦਰਗਾਹ ਵਿਚ ਉਹ ਖਿੜੇ ਮੱਥੇ ਜਾਂਦੇ ਹਨ, ਤੇ ਉਹਨਾਂ ਦੀ ਬੜੀ ਸੋਭਾ ਹੁੰਦੀ ਹੈ।

14202	310	ਜਨੁ ਨਾਨਕੁ ਮੰਗੈ ਧੂੜਿ ਤਿਨ ਜੋ ਗੁਰ ਕੇ ਸਿਖ ਮੇਰੇ ਭਾਈ॥੨॥		Jan Naanak Mangai Dhhoorr Thin Jo Gur Kae Sikh Maerae Bhaaee ||2||	Servant Nanak begs for the dust of the feet of those GurSikhs, O my Siblings of Destiny. ||2||	ਜੋ ਮੇਰੇ ਵੀਰ ਸਤਿਗੁਰੂ ਦੇ (ਇਹੋ ਜਿਹੇ) ਸਿੱਖ ਹਨ, ਦਾਸ ਨਾਨਕ ਉਹਨਾਂ ਦੇ ਚਰਨਾਂ ਦੀ ਧੂੜ ਮੰਗਦਾ ਹੈ ॥੨॥
14203	310	ਪਉੜੀ॥		Pourree ||	Pauree:	
14204	310	ਹਉ ਆਖਿ ਸਲਾਹੀ ਸਿਫਤਿ ਸਚੁ ਸਚੁ ਸਚੇ ਕੀ ਵਡਿਆਈ॥		Ho Aakh Salaahee Sifath Sach Sach Sachae Kee Vaddiaaee ||	I chant the Praises and Glories of the True One. True is the glorious greatness of the True Lord.	(ਮੇਰੀ ਇਹ ਅਰਦਾਸ ਹੈ ਕਿ) ਮੈਂ ਸੱਚੇ ਪ੍ਰਭੂ ਦੀ ਸੱਚੀ ਵਡਿਆਈ ਤੇ ਸੱਚੇ ਗੁਣ ਆਖ ਆਖ ਕੇ ਸਲਾਹਵਾਂ,
14205	310	ਸਾਲਾਹੀ ਸਚੁ ਸਲਾਹ ਸਚੁ ਸਚੁ ਕੀਮਤਿ ਕਿਨੈ ਨ ਪਾਈ॥		Saalaahee Sach Salaah Sach Sach Keemath Kinai N Paaee ||	I praise the True Lord, and the Praises of the True Lord. His worth cannot be estimated.	(ਜਿਸ) ਸੱਚੇ ਪ੍ਰਭੂ ਦੀ ਕੋਈ ਮਨੁੱਖ ਕੀਮਤ ਨਹੀਂ ਪਾ ਸਕਿਆ। ਉਹ ਸੱਚਾ ਪ੍ਰਭੂ ਸਲਾਹੁਣ-ਜੋਗ ਹੈ ਤੇ ਉਸ ਦੀ ਵਡਿਆਈ ਕਰਨੀ ਸਦਾ ਨਾਲ ਨਿਭਣ ਵਾਲੀ ਕਾਰ ਹੈ,
14206	311	ਸਚੁ ਸਚਾ ਰਸੁ ਜਿਨੀ ਚਖਿਆ ਸੇ ਤ੍ਰਿਪਤਿ ਰਹੇ ਆਘਾਈ॥		Sach Sachaa Ras Jinee Chakhiaa Sae Thripath Rehae Aaghaaee ||	Those who have tasted the true essence of the True Lord, remain satisfied and fulfilled.	ਜਿਨ੍ਹਾਂ ਨੇ ਸੱਚੇ ਪ੍ਰਭੂ ਦੇ ਨਾਮ ਦਾ ਸੁਆਦ ਚੱਖਿਆ ਹੈ, ਉਹ (ਮਾਇਆ ਵਲੋਂ) ਤ੍ਰਿਪਤ ਹੋ ਕੇ ਰੱਜੇ ਰਹਿੰਦੇ ਹਨ।

14207	311	ਇਹੁ ਹਰਿ ਰਸੁ ਸੇਈ ਜਾਣਦੇ ਜਿਉ ਗੂੰਗੈ ਮਿਠਿਆਈ ਖਾਈ॥		Eihu Har Ras Saeee Jaanadhae Jio Goongai Mithiaaee Khaaee ||	They know this essence of the Lord, but they say nothing, like the mute who tastes the sweet candy, and says nothing.	ਇਸ ਸੁਆਦ ਨੂੰ ਜਾਣਦੇ ਭੀ ਉਹੀ ਹਨ, (ਪਰ ਬਿਆਨ ਨਹੀਂ ਕਰ ਸਕਦੇ) ਜਿਵੇਂ ਗੂੰਗਾ ਮਿਠਿਆਈ ਖਾਂਦਾ ਹੈ (ਤੇ ਸੁਆਦ ਨਹੀਂ ਦੱਸ ਸਕਦਾ)।
14208	311	ਗੁਰਿ ਪੂਰੈ ਹਰਿ ਪ੍ਰਭੁ ਸੇਵਿਆ ਮਨਿ ਵਜੀ ਵਾਧਾਈ॥੧੮॥	ਵੱਜੀ	Gur Poorai Har Prabh Saeviaa Man Vajee Vaadhhaaee ||18||	The Perfect Guru serves the Lord God; His vibration vibrates and resounds in the mind. ||18||	ਪੂਰੇ ਸਤਿਗੁਰੂ ਦੀ ਰਾਹੀਂ ਜਿਨ੍ਹਾਂ ਨੇ ਪ੍ਰਭੂ ਦਾ ਨਾਮ ਜਪਿਆ ਹੈ ਉਹਨਾਂ ਦੇ ਮਨ ਵਿਚ ਉਤਸ਼ਾਹ ਬਣਿਆ ਰਹਿੰਦਾ ਹੈ (ਭਾਵ, ਉਹਨਾਂ ਦੇ ਮਨ ਖਿੜੇ ਰਹਿੰਦੇ ਹਨ) ॥੧੮॥
14209	311	ਸਲੋਕ ਮਃ ੪॥		Salok Ma 4 ||	Shalok, Fourth Mehl:	
14210	311	ਜਿਨਾ ਅੰਦਰਿ ਉਮਰਥਲ ਸੇਈ ਜਾਣਨਿ ਸੂਲੀਆ॥	(ਉਮਰ-ਥਲ) ਗੱਦੋ ਦਾਣਾ ਫੋੜਾ। (ਸੂਲੀਆ) ਦੁੱਖ	Jinaa Andhar Oumarathhal Saeee Jaanan Sooleeaa ||	Those who have a festering boil within - they alone know its pain.	(ਜਿਵੇਂ) ਜਿਨ੍ਹਾਂ ਦੇ ਸਰੀਰ ਵਿਚ ਗੱਦਹੁਧਾਣਾ ਫੋੜਾ ਹੈ ਉਹੋ ਹੀ ਉਸ ਦੀ ਪੀੜਾ ਨੂੰ ਜਾਣਦੇ ਹਨ।
14211	311	ਹਰਿ ਜਾਣਹਿ ਸੇਈ ਬਿਰਹੁ ਹਉ ਤਿਨ ਵਿਟਹੁ ਸਦ ਘੁਮਿ ਘੋਲੀਆ॥	(ਘੋਲੀਆ) ਵਾਰਨੇ	Har Jaanehi Saeee Birahu Ho Thin Vittahu Sadh Ghum Gholeeaa ||	Those who know the pain of separation from the Lord - I am forever a sacrifice, a sacrifice to them.	(ਤਿਵੇਂ ਜਿਨ੍ਹਾਂ ਦੇ ਹਿਰਦੇ ਵਿਚ ਵਿਛੋੜੇ ਦਾ ਸੱਲ ਹੈ ਉਹੋ ਹੀ ਉਸ ਦੀ ਪੀੜਾ ਨੂੰ ਜਾਣਦੇ ਹਨ, ਤੇ) ਵਿਛੋੜੇ ਤੋਂ ਪੈਦਾ ਹੋਏ ਪਿਆਰ ਨੂੰ ਭੀ ਉਹੀ ਸਮਝਦੇ ਹਨ-ਮੈਂ ਉਹਨਾਂ ਤੋਂ ਸਦਾ ਸਦਕੇ ਹਾਂ।

14212	311	ਹਰਿ ਮੇਲਹੁ ਸਜਣੁ ਪੁਰਖੁ ਮੇਰਾ ਸਿਰੁ ਤਿਨ ਵਿਟਹੁ ਤਲ ਰੋਲੀਆ॥	ਤਲ: ਪੋਲਾ ਬੋਲੋ	Har Maelahu Sajan Purakh Maeraa Sir Thin Vittahu Thal Roleeaa ||	O Lord, please lead me to meet the Guru, the Primal Being, my Friend; my head shall roll in the dust under His feet.	ਹੇ ਹਰੀ! ਮੈਨੂੰ ਕੋਈ ਅਜੇਹਾ ਹੀ ਸੱਜਣ ਮਰਦ ਮਿਲਾ, ਅਜੇਹੇ ਬੰਦਿਆਂ (ਦੇ ਦੀਦਾਰ) ਦੀ ਖ਼ਾਤਰ ਮੇਰਾ ਸਿਰ ਉਹਨਾਂ ਦੇ ਪੈਰਾਂ ਹੇਠ ਰੁਲੇ।
14213	311	ਜੋ ਸਿਖ ਗੁਰ ਕਾਰ ਕਮਾਵਹਿ ਹਉ ਗੁਲਮੁ ਤਿਨਾ ਕਾ ਗੋਲੀਆ॥	ਗੋਲੀਆ: ਕਸਕੇ ਬੋਲੋ	Jo Sikh Gur Kaar Kamaavehi Ho Gulam Thinaa Kaa Goleeaa ||	I am the slave of the slaves of those GurSikhs who serve Him.	ਜੋ ਸਿੱਖ ਸਤਿਗੁਰੂ ਦੀ ਦੱਸੀ ਹੋਈ ਕਾਰ ਕਰਦੇ ਹਨ, ਮੈਂ ਉਹਨਾਂ ਦੇ ਗ਼ੁਲਾਮਾਂ ਦਾ ਗ਼ੁਲਾਮ ਹਾਂ।
14214	311	ਹਰਿ ਰੰਗਿ ਚਲੂਲੈ ਜੋ ਰਤੇ ਤਿਨ ਭਿਨੀ ਹਰਿ ਰੰਗਿ ਚੋਲੀਆ॥		Har Rang Chaloolai Jo Rathae Thin Bhinee Har Rang Choleeaa ||	Those who are imbued with the deep crimson color of the Lord's Love - their robes are drenched in the Love of the Lord.	ਜਿਨ੍ਹਾਂ ਦੇ ਮਨ ਪ੍ਰਭੂ-ਨਾਮ ਦੇ ਗੂੜ੍ਹੇ ਰੰਗ ਵਿਚ ਰੰਗੇ ਹੋਏ ਹਨ, ਉਹਨਾਂ ਦੇ ਚੋਲੇ (ਭੀ, ਭਾਵ, ਸਰੀਰ) ਪ੍ਰਭੂ ਦੇ ਪਿਆਰ ਵਿਚ ਭਿੱਜੇ ਹੋਏ ਹੁੰਦੇ ਹਨ।
14215	311	ਕਰਿ ਕਿਰਪਾ ਨਾਨਕ ਮੇਲਿ ਗੁਰ ਪਹਿ ਸਿਰੁ ਵੇਚਿਆ ਮੋਲੀਆ॥੧॥		Kar Kirapaa Naanak Mael Gur Pehi Sir Vaechiaa Moleeaa ||1||	Grant Your Grace, and lead Nanak to meet the Guru; I have sold my head to Him. ||1||	ਹੇ ਨਾਨਕ! ਉਹਨਾਂ ਨੂੰ ਪ੍ਰਭੂ ਨੇ ਕਿਰਪਾ ਕਰ ਕੇ ਗੁਰੂ ਨਾਲ ਮਿਲਾਇਆ ਹੈ, ਤੇ ਉਹਨਾਂ ਆਪਣਾ ਸਿਰ ਗੁਰੂ ਅੱਗੇ ਵੇਚ ਦਿੱਤਾ ਹੈ ॥੧॥
14216	311	ਮਃ ੪॥		Ma 4 ||	Fourth Mehl:	

14217	311	ਅਉਗਣੀ ਭਰਿਆ ਸਰੀਰੁ ਹੈ ਕਿਉ ਸੰਤਹੁ ਨਿਰਮਲੁ ਹੋਇ॥		Aouganee Bhariaa Sareer Hai Kio Santhahu Niramal Hoe ||	The body is full of mistakes and misdeeds; how can it become pure, O Saints?	(ਪ੍ਰਸ਼ਨ) ਹੇ ਸੰਤ ਜਨੋ! (ਇਹ) ਸਰੀਰ ਅਉਗਣਾਂ ਨਾਲ ਭਰਿਆ ਹੋਇਆ ਹੈ, ਸਾਫ਼ ਕਿਵੇਂ ਹੋ ਸਕਦਾ ਹੈ?
14218	311	ਗੁਰਮੁਖਿ ਗੁਣ ਵੇਹਾਝੀਅਹਿ ਮਲਿ ਹਉਮੈ ਕਢੈ ਧੋਇ॥		Guramukh Gun Vaehaajheeahi Mal Houmai Kadtai Dhhoe ||	The Gurmukh purchases virtues, which wash off the sin of egotism.	(ਉੱਤਰ) ਸਤਿਗੁਰੂ ਦੇ ਸਨਮੁਖ ਹੋ ਕੇ ਗੁਣ ਖ਼ਰੀਦੇ ਜਾਣ, ਤਾਂ (ਇਸ ਤਰ੍ਹਾਂ ਮਨੁੱਖਾ ਸਰੀਰ ਵਿਚੋਂ) ਹਉਮੈ-ਰੂਪ ਮੈਲ ਕੋਈ ਧੋ ਕੇ ਕੱਢ ਸਕਦਾ ਹੈ।
14219	311	ਸਚੁ ਵਣੰਜਹਿ ਰੰਗ ਸਿਉ ਸਚੁ ਸਉਦਾ ਹੋਇ॥	ਵਣੰਜਹਿ	Sach Vananjehi Rang Sio Sach Soudhaa Hoe ||	True is the trade which purchases the True Lord with love.	ਜੋ ਮਨੁੱਖ ਪਿਆਰ ਨਾਲ ਸੱਚ ਨੂੰ (ਭਾਵ, ਸੱਚੇ ਦੇ ਨਾਮ ਨੂੰ) ਖ਼ਰੀਦਦੇ ਹਨ, ਉਹਨਾਂ ਦਾ ਇਹ ਸੌਦਾ ਸਦਾ ਨਾਲ ਨਿਭਦਾ ਹੈ।
14220	311	ਤੋਟਾ ਮੂਲਿ ਨ ਆਵਈ ਲਾਹਾ ਹਰਿ ਭਾਵੈ ਸੋਇ॥		Thottaa Mool N Aavee Laahaa Har Bhaavai Soe ||	No loss will come from this, and the profit comes by the Lord's Will.	(ਇਸ ਸੌਦੇ ਵਿਚ) ਘਾਟਾ ਕਦੇ ਹੁੰਦਾ ਹੀ ਨਹੀਂ; (ਤੇ, ਸੌਦੇ ਵਿਚੋਂ) ਲਾਭ (ਇਹ ਮਿਲਦਾ) ਹੈ ਕਿ ਪਰਮਾਤਮਾ ਉਹਨਾਂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ।

14221	311	ਨਾਨਕ ਤਿਨ ਸਚੁ ਵਣੰਜਿਆ ਜਿਨਾ ਧੁਰਿ ਲਿਖਿਆ ਪਰਾਪਤਿ ਹੋਇ॥੨॥	ਵਣੰਜਿਆ	Naanak Thin Sach Vananjiaa Jinaa Dhhur Likhiaa Paraapath Hoe ||2||	O Nanak, they alone purchase the Truth, who are blessed with such pre-ordained destiny. ||2||	ਹੇ ਨਾਨਕ! ਸੱਚੇ ਨਾਮ ਦੀ ਖ਼ਰੀਦ ਉਹ ਮਨੁੱਖ ਕਰਦੇ ਹਨ, ਜਿਨ੍ਹਾਂ ਨੂੰ (ਇਹ ਸੱਚਾ ਨਾਮ) ਮੁਢ ਤੋਂ (ਕੀਤੇ ਹੋਏ ਭਲੇ ਕਰਮਾਂ ਦੇ ਸੰਸਕਾਰਾਂ ਅਨੁਸਾਰ) (ਹਿਰਦੇ ਵਿਚ) ਉੱਕਰਿਆ ਹੋਇਆ ਮਿਲਦਾ ਹੈ ॥੨॥
14222	311	ਪਉੜੀ॥		Pourree ||	Pauree:	
14223	311	ਸਾਲਾਹੀ ਸਚੁ ਸਾਲਾਹਣਾ ਸਚੁ ਸਚਾ ਪੁਰਖੁ ਨਿਰਾਲੇ॥		Saalaahee Sach Saalaahanaa Sach Sachaa Purakh Niraalae ||	I praise the True One, who alone is worthy of praise. The True Primal Being is True - this is His unique quality.	(ਮੇਰਾ ਚਿੱਤ ਚਾਹੁੰਦਾ ਹੈ ਕਿ) ਜੋ ਨਿਰਾਲਾ ਪੁਰਖ ਸੱਚਾ ਹਰੀ ਹੈ, ਉਸ ਸੱਚੇ ਹਰੀ ਦੀ ਸਿਫ਼ਤਿ ਕਰਾਂ, ਉਸ ਦੀ ਸਿਫ਼ਤਿ ਕੀਤੀ ਹੋਈ ਸਦਾ ਨਾਲ ਨਿਭਦੀ ਹੈ।
14224	311	ਸਚੁ ਸੇਵੀ ਸਚੁ ਮਨਿ ਵਸੈ ਸਚੁ ਸਚਾ ਹਰਿ ਰਖਵਾਲੇ॥	ਰੱਖਵਾਲੇ	Sach Saevee Sach Man Vasai Sach Sachaa Har Rakhavaalae ||	Serving the True Lord, the Truth comes to dwell in the mind. The Lord, the Truest of the True, is my Protector.	(ਚਿੱਤ ਲੋਚਦਾ ਹੈ ਕਿ) ਜੋ ਸੱਚਾ ਹਰੀ ਸਭ ਦਾ ਰਾਖਾ ਹੈ ਉਸ ਦੀ ਸੇਵਾ ਕਰਾਂ, ਤੇ ਸੱਚਾ ਹਰੀ ਮੇਰੇ ਮਨ ਵਿਚ ਨਿਵਾਸ ਕਰੇ।
14225	311	ਸਚੁ ਸਚਾ ਜਿਨੀ ਅਰਾਧਿਆ ਸੇ ਜਾਇ ਰਲੇ ਸਚ ਨਾਲੇ॥		Sach Sachaa Jinee Araadhhiaa Sae Jaae Ralae Sach Naalae ||	Those who worship and adore the Truest of the True, shall go and merge with the True Lord.	ਜਿਨ੍ਹਾਂ ਨੇ ਸੱਚ-ਮੁਚ ਸੱਚਾ ਹਰੀ ਸੇਵਿਆ ਹੈ ਉਹ ਉਸ ਸੱਚੇ ਦੇ ਨਾਲ ਜਾ ਰਲੇ ਹਨ।

14226	311	ਸਚੁ ਸਚਾ ਜਿਨੀ ਨ ਸੇਵਿਆ ਸੇ ਮਨਮੁਖ ਮੂੜ ਬੇਤਾਲੇ॥	(ਬੇਤਾਲੇ) ਭੂਤ	Sach Sachaa Jinee N Saeviaa Sae Manamukh Moorr Baethaalae ||	Those who do not serve the Truest of the True - those self-willed manmukhs are foolish demons.	ਜਿਨ੍ਹਾਂ ਨੇ ਸੱਚੇ ਹਰੀ ਨੂੰ ਨਹੀਂ ਸੇਵਿਆ, ਉਹ ਮਨਮੁਖ ਮੂਰਖ ਤੇ ਭੂਤਨੇ ਹਨ,
14227	311	ਓਹੁ ਆਲੁਪਤਾਲੁ ਮੁਹਹੁ ਬੋਲਦੇ ਜਿਉ ਪੀਤੈ ਮਦਿ ਮਤਵਾਲੇ॥੧੯॥	(ਆਲੁ-ਪਤਾਲੁ) ਊਟਪਟਾਂਗ। ਮੁਹ-ਹੁ	Ouh Aal Pathaal Muhahu Boladhae Jio Peethai Madh Mathavaalae ||19||	With their mouths, they babble on about this and that, like the drunkard who has drunk his wine. ||19||	ਮੂੰਹੋਂ ਅਜਿਹਾ ਬਕਵਾਸ ਕਰਦੇ ਹਨ ਜਿਵੇਂ ਸ਼ਰਾਬ ਪੀਤਿਆਂ ਸ਼ਰਾਬੀ (ਬਕਵਾਸ ਕਰਦੇ ਹਨ) ॥੧੯॥
14228	311	ਸਲੋਕ ਮਹਲਾ ੩॥		Salok Mehalaa 3 ||	Shalok, Third Mehl:	
14229	311	ਗਉੜੀ ਰਾਗਿ ਸੁਲਖਣੀ ਜੇ ਖਸਮੈ ਚਿਤਿ ਕਰੇਇ॥	ਸੁ-ਲੱਖਣੀ। ਕਰੇ-ਇ	Gourree Raag Sulakhanee Jae Khasamai Chith Karaee ||	Gauree Raga is auspicious, if, through it, one comes to think of his Lord and Master.	(ਜੀਵ-ਰੂਪੀ ਇਸਤ੍ਰੀ) ਗਉੜੀ ਰਾਗਣੀ ਦੁਆਰਾ ਤਾਂ ਹੀ ਚੰਗੇ ਲੱਛਣਾਂ ਵਾਲੀ ਹੋ ਸਕਦੀ ਹੈ ਜੇ ਪ੍ਰਭੂ-ਪਤੀ ਨੂੰ ਹਿਰਦੇ ਵਿਚ ਵਸਾਏ;
14230	311	ਭਾਣੈ ਚਲੈ ਸਤਿਗੁਰੂ ਕੈ ਐਸਾ ਸੀਗਾਰੁ ਕਰੇਇ॥		Bhaanai Chalai Sathiguroo Kai Aisaa Seegaar Karaee ||	He should walk in harmony with the Will of the True Guru; this should be his decoration.	ਸਤਿਗੁਰੂ ਦੇ ਭਾਣੇ ਵਿਚ ਤੁਰੇ-ਇਹੋ ਜਿਹਾ ਸ਼ਿੰਗਾਰ ਕਰੇ;

14231	311	ਸਚਾ ਸਬਦੁ ਭਤਾਰੁ ਹੈ ਸਦਾ ਸਦਾ ਰਾਵੇਇ॥	ਰਾਵੇਇ	Sachaa Sabadh Bhathaar Hai Sadhaa Sadhaa Raavaee ||	The True Word of the Shabad is our spouse; ravish and enjoy it, forever and ever.	ਸੱਚਾ ਸ਼ਬਦ (ਰੂਪ ਜੋ) ਖਸਮ (ਹੈ) ਉਸ ਦਾ ਸਦਾ ਆਨੰਦ ਲਏ (ਭਾਵ, ਉਸ ਨੂੰ ਸਦਾ ਜਪੇ)।
14232	311	ਜਿਉ ਉਬਲੀ ਮਜੀਠੈ ਰੰਗੁ ਗਹਗਹਾ ਤਿਉ ਸਚੇ ਨੋ ਜੀਉ ਦੇਇ॥	ਦੇਇ	Jio Oubalee Majeethai Rang Gehagehaa Thio Sachae No Jeeo Dhaee ||	Like the deep crimson color of the madder plant - such is the dye which shall color you, when you dedicate your soul to the True One.	ਜਿਵੇਂ ਮਜੀਠ ਉਬਾਲਾ ਸਹਾਰਦੀ ਹੈ ਤੇ ਉਸ ਦਾ ਰੰਗ ਗੂੜ੍ਹਾ ਹੋ ਜਾਂਦਾ ਹੈ, ਤਿਵੇਂ (ਜੀਵ ਰੂਪ ਇਸਤ੍ਰੀ) ਆਪਣਾ ਆਪ ਖਸਮ ਤੋਂ ਸਦਕੇ ਕਰੇ,
14233	311	ਰੰਗਿ ਚਲੂਲੈ ਅਤਿ ਰਤੀ ਸਚੇ ਸਿਉ ਲਗਾ ਨੇਹੁ॥	ਰੱਤੀ	Rang Chaloolai Ath Rathee Sachae Sio Lagaa Naehu ||	One who loves the True Lord is totally imbued with the Lord's Love, like the deep crimson color of the poppy.	(ਇਸ ਨੂੰ ਭੀ ਨਾਮ ਦਾ ਗੂੜ੍ਹਾ ਰੰਗ ਚੜ੍ਹ ਜਾਏ) ਤਾਂ ਉਸ ਦਾ ਸੱਚੇ ਪ੍ਰਭੂ ਨਾਲ ਪਿਆਰ ਬਣ ਜਾਂਦਾ ਹੈ, ਉਹ (ਨਾਮ ਦੇ) ਗੂੜ੍ਹੇ ਰੰਗ ਵਿਚ ਰੱਤੀ ਜਾਂਦੀ ਹੈ।
14234	311	ਕੂੜੁ ਠਗੀ ਗੁਝੀ ਨਾ ਰਹੈ ਕੂੜੁ ਮੁਲੰਮਾ ਪਲੇਟਿ ਧਰੇਹੁ॥	ਠੱਗੀ ਗੁੱਝੀ	Koorr Thagee Gujhee Naa Rehai Koorr Mulanmaa Palaett Dhharaehu ||	Falsehood and deception may be covered with false coatings, but they cannot remain hidden.	ਕੂੜ (ਰੂਪ) ਮੁਲੰਮਾ (ਬੇਸ਼ੱਕ ਸੱਚ ਨਾਲ) ਲਪੇਟ ਕੇ ਰਖੋ, (ਫਿਰ ਭੀ) ਜੋ ਝੂਠ ਤੇ ਠੱਗੀ ਹੈ ਉਹ ਲੁਕੇ ਨਹੀਂ ਰਹਿ ਸਕਦੇ।

14235	311	ਕੂੜੀ ਕਰਨਿ ਵਡਾਈਆ ਕੂੜੇ ਸਿਉ ਲਗਾ ਨੇਹੁ॥		Koorree Karan Vaddaaeeaa Koorrae Sio Lagaa Naehu ||	False is the uttering of praises, by those who love falsehood.	(ਹਿਰਦੇ ਵਿਚ ਠੱਗੀ ਰੱਖਣ ਵਾਲੇ ਐਵੇਂ) ਝੂਠੀ ਵਡਿਆਈ ਕਰਦੇ ਹਨ, ਉਹਨਾਂ ਦਾ ਪਿਆਰ ਝੂਠ ਨਾਲ ਹੀ ਹੁੰਦਾ ਹੈ (ਤੇ ਇਹ ਗੱਲ ਲੁਕੀ ਨਹੀਂ ਰਹਿੰਦੀ)।
14236	311	ਨਾਨਕ ਸਚਾ ਆਪਿ ਹੈ ਆਪੇ ਨਦਰਿ ਕਰੇਇ॥੧॥	ਕਰੇਇ	Naanak Sachaa Aap Hai Aapae Nadhar Karaee ||1||	O Nanak, He alone is True; He Himself casts His Glance of Grace. ||1||	(ਪਰ) ਹੇ ਨਾਨਕ! (ਇਹ ਕਿਸੇ ਦੇ ਵੱਸ ਨਹੀਂ) ਜੋ ਹਰੀ ਸੱਚਾ ਆਪ ਹੈ ਉਹੋ ਹੀ ਮਿਹਰ ਕਰਦਾ ਹੈ (ਤੇ ਹਿਰਦੇ ਵਿਚੋਂ ਠੱਗੀ ਦੂਰ ਹੋ ਸਕਦੀ ਹੈ) ॥੧॥
14237	311	ਮਃ ੪॥		Ma 4 ||	Fourth Mehl:	
14238	311	ਸਤਸੰਗਤਿ ਮਹਿ ਹਰਿ ਉਸਤਤਿ ਹੈ ਸੰਗਿ ਸਾਧੂ ਮਿਲੇ ਪਿਆਰਿਆ॥		Sathasangath Mehi Har Ousathath Hai Sang Saadhhoo Milae Piaariaa ||	In the Sat Sangat the True Congregation the Lord's Praises are sung. In the Saadh Sangat, the Company of the Holy, the Beloved Lord is met.	ਸਤਸੰਗ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੁੰਦੀ ਹੈ (ਕਿਉਂਕਿ ਓਥੇ) ਪਿਆਰੇ (ਗੁਰਸਿੱਖ, ਸੰਤ ਜਨ) ਸਤਿਗੁਰੂ ਦੇ ਨਾਲ ਮਿਲਦੇ ਹਨ।
14239	311	ਓਇ ਪੁਰਖ ਪ੍ਰਾਣੀ ਧੰਨਿ ਜਨ ਹਹਿ ਉਪਦੇਸੁ ਕਰਹਿ ਪਰਉਪਕਾਰਿਆ॥	ਕਰਹਿ। ਪਰ-ਉਪ-ਕਾਰਿਆ	Oue Purakh Praanee Dhhann Jan Hehi Oupadhaes Karehi Paroupakaariaa ||	Blessed is that mortal being, who shares the Teachings for the good of others.	ਉਹ ਮਨੁੱਖ ਮੁਬਾਰਿਕ ਹਨ (ਕਿਉਂਕਿ) ਪਰਉਪਕਾਰ ਲਈ ਉਹ (ਹੋਰਨਾਂ ਨੂੰ ਭੀ) ਉਪਦੇਸ਼ ਕਰਦੇ ਹਨ।

14240	311	ਹਰਿ ਨਾਮੁ ਦ੍ਰਿੜਾਵਹਿ ਹਰਿ ਨਾਮੁ ਸੁਣਾਵਹਿ ਹਰਿ ਨਾਮੇ ਜਗੁ ਨਿਸਤਾਰਿਆ॥	ਦ੍ਰਿੜਾਵਹਿ, ਸੁਣਾਵਹਿ, ਜੱਗੁ	Har Naam Dhrirraavehi Har Naam Sunaavehi Har Naamae Jag Nisathaariaa ||	He implants the Name of the Lord, and he preaches the Name of the Lord; through the Name of the Lord, the world is saved.	ਪ੍ਰਭੂ ਦੇ ਨਾਮ ਵਿਚ ਸਿਦਕ ਬੰਨ੍ਹਾਉਂਦੇ ਹਨ, ਪ੍ਰਭੂ ਦਾ ਨਾਮ ਹੀ ਸੁਣਾਉਂਦੇ ਹਨ ਤੇ ਪ੍ਰਭੂ ਦੇ ਨਾਮ ਦੀ ਰਾਹੀਂ ਹੀ ਸੰਸਾਰ ਨੂੰ ਤਾਰਦੇ ਹਨ, (ਇਹ ਸਾਰੀ ਬਰਕਤਿ ਇਸ ਲਈ ਹੈ ਕਿ ਉਹ ਵਡਭਾਗੀ ਸਤਸੰਗਤਿ ਵਿਚ ਜਾ ਕੇ ਸਤਿਗੁਰੂ ਵਿਚ ਜੁੜਦੇ ਹਨ)।
14241	311	ਗੁਰ ਵੇਖਣ ਕਉ ਸਭੁ ਕੋਈ ਲੋਚੈ ਨਵ ਖੰਡ ਜਗਤਿ ਨਮਸਕਾਰਿਆ॥	ਜੱਗ-ਤਿ	Gur Vaekhan Ko Sabh Koee Lochai Nav Khandd Jagath Namasakaariaa ||	Everyone longs to see the Guru; the world, and the nine continents, bow down to Him.	(ਇਹ ਬਰਕਤਾਂ ਸੁਣ ਕੇ) ਹਰੇਕ ਜੀਵ ਸਤਿਗੁਰੂ ਦਾ ਦਰਸ਼ਨ ਕਰਨ ਨੂੰ ਤਾਂਘਦਾ ਹੈ ਤੇ ਸੰਸਾਰ ਵਿਚ ਨਵਾਂ ਖੰਡਾਂ (ਦੇ ਜੀਵ) ਸਤਿਗੁਰੂ ਦੇ ਅੱਗੇ ਸਿਰ ਨਿਵਾਂਦੇ ਹਨ।
14242	311	ਤੁਧੁ ਆਪੇ ਆਪੁ ਰਖਿਆ ਸਤਿਗੁਰ ਵਿਚਿ ਗੁਰੁ ਆਪੇ ਤੁਧੁ ਸਵਾਰਿਆ॥		Thudhh Aapae Aap Rakhiaa Sathigur Vich Gur Aapae Thudhh Savaariaa ||	You Yourself have established the True Guru; You Yourself have adorned the Guru.	ਸਤਿਗੁਰੂ ਨੂੰ ਪੈਦਾ ਕਰਨ ਵਾਲੇ ਹੇ ਪ੍ਰਭੂ! ਤੂੰ ਆਪਣਾ ਆਪ ਸਤਿਗੁਰੂ ਵਿਚ ਲੁਕਾ ਰੱਖਿਆ ਹੈ ਤੇ ਤੂੰ ਆਪ ਹੀ ਸਤਿਗੁਰੂ ਨੂੰ ਸੁੰਦਰ ਬਣਾਇਆ ਹੈ।
14243	311	ਤੂ ਆਪੇ ਪੂਜਹਿ ਪੂਜ ਕਰਾਵਹਿ ਸਤਿਗੁਰ ਕਉ ਸਿਰਜਣਹਾਰਿਆ॥		Thoo Aapae Poojehi Pooj Karaavehi Sathigur Ko Sirajanehaariaa ||	You Yourself worship and adore the True Guru; You inspire others to worship Him as well, O Creator Lord.	ਤੂੰ ਆਪ ਹੀ ਸਤਿਗੁਰੂ ਨੂੰ ਵਡਿਆਈ ਦੇਂਦਾ ਹੈਂ ਤੇ ਆਪ ਹੀ (ਹੋਰਨਾਂ ਪਾਸੋਂ ਗੁਰੂ ਦੀ) ਵਡਿਆਈ ਕਰਾਉਂਦਾ ਹੈਂ।

14244	311	ਕੋਈ ਵਿਛੁੜਿ ਜਾਇ ਸਤਿਗੁਰੂ ਪਾਸਹੁ ਤਿਸੁ ਕਾਲਾ ਮੁਹੁ ਜਮਿ ਮਾਰਿਆ॥		Koee Vishhurr Jaae Sathiguroo Paasahu This Kaalaa Muhu Jam Maariaa ||	If someone separates himself from the True Guru, his face is blackened, and he is destroyed by the Messenger of Death.	ਜੋ ਮਨੁੱਖ ਸਤਿਗੁਰੂ ਕੋਲੋਂ ਵਿੱਛੜ ਜਾਏ, ਉਸ ਦਾ ਮੂੰਹ ਕਾਲਾ ਹੁੰਦਾ ਹੈ ਤੇ ਜਮਰਾਜ ਪਾਸੋਂ ਉਸ ਨੂੰ ਮਾਰ ਪੈਂਦੀ ਹੈ, (ਭਾਵ, ਉਹ ਜਗਤ ਵਿਚ ਇਕ ਤਾਂ ਮੁਕਾਲਖ ਖੱਟਦਾ ਹੈ, ਦੂਜੇ ਮੌਤ ਆਦਿਕ ਦਾ ਉਸ ਨੂੰ ਸਦਾ ਸਹਿਮ ਪਿਆ ਰਹਿੰਦਾ ਹੈ)।
14245	312	ਤਿਸੁ ਅਗੈ ਪਿਛੈ ਢੋਈ ਨਾਹੀ ਗੁਰਸਿਖੀ ਮਨਿ ਵੀਚਾਰਿਆ ॥		This Agai Pishhai Dtoee Naahee Gurasikhee Man Veechaariaa ||	He shall find no shelter, here or hereafter; the GurSikhs have realized this in their minds.	ਉਸ ਨੂੰ ਨਾ ਇਸ ਲੋਕ ਵਿਚ ਤੇ ਨਾ ਹੀ ਪਰਲੋਕ ਵਿਚ ਕਿਤੇ ਭੀ ਆਸਰਾ ਨਹੀਂ ਮਿਲਦਾ-ਸਭ ਗੁਰਸਿੱਖਾਂ ਨੇ ਮਨ ਵਿਚ ਇਹ ਵਿਚਾਰ ਕੀਤੀ ਹੈ।
14246	312	ਸਤਿਗੁਰੂ ਨੋ ਮਿਲੇ ਸੇਈ ਜਨ ਉਬਰੇ ਜਿਨ ਹਿਰਦੈ ਨਾਮੁ ਸਮਾਰਿਆ॥		Sathiguroo No Milae Saeee Jan Oubarae Jin Hiradhai Naam Samaariaa ||	That humble being who meets the True Guru is saved; he cherishes the Naam, the Name of the Lord, in his heart.	ਜੋ ਮਨੁੱਖ ਸਤਿਗੁਰੂ ਨੂੰ ਜਾ ਮਿਲਦੇ ਹਨ, ਉਹ (ਸੰਸਾਰ ਸਾਗਰ ਤੋਂ) ਬਚ ਜਾਂਦੇ ਹਨ, ਕਿਉਂਕਿ ਉਹ ਹਿਰਦੇ ਵਿਚ ਨਾਮ ਨੂੰ ਸੰਭਾਲਦੇ ਹਨ।
14247	312	ਜਨ ਨਾਨਕ ਕੇ ਗੁਰਸਿਖ ਪੁਤ ਹਹੁ ਹਰਿ ਜਪਿਅਹੁ ਹਰਿ ਨਿਸਤਾਰਿਆ॥੨॥		Jan Naanak Kae Gurasikh Puthehahu Har Japiahu Har Nisathaariaa ||2||	Servant Nanak says: O GurSikhs, O my sons, meditate on the Lord; only the Lord shall save you. ||2||	(ਇਸ ਲਈ ਪ੍ਰਭੂ ਦੇ) ਦਾਸ ਨਾਨਕ ਦੇ ਸਿੱਖ ਪੁੱਤਰੋ! ਪ੍ਰਭੂ ਦਾ ਨਾਮ ਜਪੋ, (ਕਿਉਂਕਿ) ਪ੍ਰਭੂ (ਸੰਸਾਰ ਤੋਂ) ਪਾਰ ਉਤਾਰਦਾ ਹੈ ॥੨॥

14248	312	ਮਹਲਾ ੩॥		Mehalaa 3 ||	Third Mehl:	
14249	312	ਹਉਮੈ ਜਗਤੁ ਭੁਲਾਇਆ ਦੁਰਮਤਿ ਬਿਖਿਆ ਬਿਕਾਰ॥	ਜੱਗਤੁ	Houmai Jagath Bhulaaeiaa Dhuramath Bikhiaa Bikaar ||	Egotism has led the world astray, along with evil-mindedness and the poison of corruption.	ਹਉਮੈ ਨੇ ਜਗਤ ਨੂੰ ਕੁਰਾਹੇ ਪਾਇਆ ਹੋਇਆ ਹੈ, ਖੋਟੀ ਮਤਿ ਤੇ ਮਾਇਆ ਵਿਚ (ਫਸ ਕੇ) ਵਿਕਾਰ ਕਰੀ ਜਾਂਦਾ ਹੈ।
14250	312	ਸਤਿਗੁਰੁ ਮਿਲੈ ਤ ਨਦਰਿ ਹੋਇ ਮਨਮੁਖ ਅੰਧ ਅੰਧਿਆਰ॥		Sathigur Milai Th Nadhar Hoe Manamukh Andhh Andhhiaar ||	Meeting with the True Guru, we are blessed by the Lord's Glance of Grace, while the self-willed manmukh gropes around in the darkness.	ਜਿਸ ਮਨੁੱਖ ਨੂੰ ਗੁਰੂ ਮਿਲਦਾ ਹੈ ਉਸ ਤੇ (ਪ੍ਰਭੂ ਦੀ ਮਿਹਰ ਦੀ) ਨਜ਼ਰ ਹੁੰਦੀ ਹੈ, ਮਨ ਦੇ ਮੁਰੀਦ ਮਨੁੱਖ ਨਦਾਰ ਅੰਨ੍ਹੇ ਰਹਿੰਦੇ ਹਨ।
14251	312	ਨਾਨਕ ਆਪੇ ਮੇਲਿ ਲਏ ਜਿਸ ਨੋ ਸਬਦਿ ਲਾਏ ਪਿਆਰੁ॥੩॥		Naanak Aapae Mael Leae Jis No Sabadh Laaeae Piaar ||3||	O Nanak, the Lord absorbs into Himself those whom He inspires to love the Word of His Shabad. ||3||	ਹੇ ਨਾਨਕ! ਹਰੀ ਜਿਸ ਮਨੁੱਖ ਦਾ ਪਿਆਰ ਸ਼ਬਦ ਵਿਚ ਲਾਂਦਾ ਹੈ, ਉਸ ਨੂੰ ਹਰੀ ਆਪ ਹੀ ਆਪਣੇ ਨਾਲ ਮੇਲ ਲੈਂਦਾ ਹੈ ॥੩॥
14252	312	ਪਉੜੀ॥		Pourree ||	Pauree:	

14253	312	ਸਚੁ ਸਚੇ ਕੀ ਸਿਫਤਿ ਸਲਾਹ ਹੈ ਸੋ ਕਰੇ ਜਿਸੁ ਅੰਦਰੁ ਭਿਜੈ॥	ਭਿੱਜੈ	Sach Sachae Kee Sifath Salaah Hai So Karae Jis Andhar Bhijai ||	True are the Praises and the Glories of the True One; he alone speaks them, whose mind is softened within.	ਸੱਚੇ ਪ੍ਰਭੂ ਦੀ (ਕੀਤੀ ਹੋਈ) ਸਿਫ਼ਤਿ-ਸਾਲਾਹ ਸਦਾ-ਥਿਰ ਰਹਿਣ ਵਾਲੀ ਹੈ; (ਇਹ ਸਿਫ਼ਤਿ-ਸਾਲਾਹ) ਉਹ ਮਨੁੱਖ ਕਰ ਸਕਦਾ ਹੈ ਜਿਸ ਦਾ ਹਿਰਦਾ (ਭੀ) (ਸਿਫ਼ਤਿ ਵਿਚ) ਭਿੱਜਾ ਹੋਇਆ ਹੋਵੇ।
14254	312	ਜਿਨੀ ਇਕ ਮਨਿ ਇਕੁ ਅਰਾਧਿਆ ਤਿਨ ਕਾ ਕੰਧੁ ਨ ਕਬਹੂ ਛਿਜੈ॥	(ਕੰਧੁ) ਸ੍ਰੀਰ। (ਛਿੱਜੈ) ਨਾਸ ਹੁੰਦਾ	Jinee Eik Man Eik Araadhhiaa Thin Kaa Kandhh N Kabehoo Shhijai ||	Those who worship the One Lord with single-minded devotion - their bodies shall never perish.	ਜੋ ਮਨੁੱਖ ਏਕਾਗਰ-ਚਿੱਤ ਹੋ ਕੇ ਇਕ ਹਰੀ ਦਾ ਸਿਮਰਨ ਕਰਦੇ ਹਨ, ਉਹਨਾਂ ਦਾ ਸਰੀਰ ਕਦੀ ਛਿੱਜਦਾ ਨਹੀਂ (ਵਿਕਾਰਾਂ ਵਿਚ ਖਚਿਤ ਨਹੀਂ ਹੁੰਦਾ)।
14255	312	ਧਨੁ ਧਨੁ ਪੁਰਖ ਸਾਬਾਸਿ ਹੈ ਜਿਨ ਸਚੁ ਰਸਨਾ ਅੰਮ੍ਰਿਤੁ ਪਿਜੈ॥	ਪਿੱਜੈ	Dhhan Dhhan Purakh Saabaas Hai Jin Sach Rasanaa Anmrith Pijai ||	Blessed, blessed and acclaimed is that person, who tastes with his tongue the Ambrosial Nectar of the True Name.	ਉਹ ਮਨੁੱਖ ਧੰਨ ਹਨ, ਸ਼ਾਬਾਸ਼ੇ ਉਹਨਾਂ ਨੂੰ ਜੋ ਜੀਭ ਨਾਲ ਸੱਚਾ ਨਾਮ ਅੰਮ੍ਰਿਤ ਪੀਂਦੇ ਹਨ।
14256	312	ਸਚੁ ਸਚਾ ਜਿਨ ਮਨਿ ਭਾਵਦਾ ਸੇ ਮਨਿ ਸਚੀ ਦਰਗਹ ਲਿਜੈ॥	ਲਿੱਜੈ	Sach Sachaa Jin Man Bhaavadhaa Sae Man Sachee Dharageh Lijai ||	One whose mind is pleased with the Truest of the True is accepted in the True Court.	ਜਿਨ੍ਹਾਂ ਦੇ ਮਨ ਵਿਚ ਸੱਚਾ ਹਰੀ ਸਚਮੁਚ ਪਿਆਰਾ ਲੱਗਦਾ ਹੈ ਉਹ ਸੱਚੀ ਦਰਗਾਹ ਵਿਚ ਸਤਕਾਰੇ ਜਾਂਦੇ ਹਨ।

14257	312	ਧਨੁ ਧੰਨੁ ਜਨਮੁ ਸਚਿਆਰੀਆ ਮੁਖ ਉਜਲ ਸਚੁ ਕਰਿਜੈ॥੨੦॥	ਕਰਿੱਜੈ	Dhhan Dhhann Janam Sachiaareeaa Mukh Oujal Sach Karijai ||20||	Blessed, blessed is the birth of those true beings; the True Lord brightens their faces. ||20||	ਸੱਚ ਦੇ ਵਪਾਰੀਆਂ ਦਾ ਮਨੁੱਖਾ ਜਨਮ ਸਫਲਾ ਹੈ (ਕਿਉਂਕਿ ਦਰਗਾਹ ਵਿਚ) ਉਹ ਸੁਰਖ਼ੁਰੂ ਕੀਤੇ ਜਾਂਦੇ ਹਨ ॥੨੦॥
14258	312	ਸਲੋਕ ਮਃ ੪॥		Salok Ma 4 ||	Shalok, Fourth Mehl:	
14259	312	ਸਾਕਤ ਜਾਇ ਨਿਵਹਿ ਗੁਰ ਆਗੈ ਮਨਿ ਖੋਟੇ ਕੂੜਿ ਕੂੜਿਆਰੇ॥	ਨਿਵਹਿ	Saakath Jaae Nivehi Gur Aagai Man Khottae Koorr Koorriaarae ||	The faithless cynics go and bow before the Guru, but their minds are corrupt and false, totally false.	ਜੇ ਸਾਕਤ ਮਨੁੱਖ ਸਤਿਗੁਰੂ ਦੇ ਅੱਗੇ ਜਾ ਭੀ ਨਿਊਇ, (ਤਾਂ ਭੀ) ਉਹ ਮਨੋਂ ਖੋਟੇ (ਰਹਿੰਦੇ ਹਨ) ਤੇ ਖੋਟੇ ਹੋਣ ਕਰਕੇ ਕੂੜ ਦੇ ਹੀ ਵਪਾਰੀ ਬਣੇ ਰਹਿੰਦੇ ਹਨ।
14260	312	ਜਾ ਗੁਰੁ ਕਹੈ ਉਠਹੁ ਮੇਰੇ ਭਾਈ ਬਹਿ ਜਾਹਿ ਘੁਸਰਿ ਬਗੁਲਾਰੇ॥	(ਘੁਸ-ਰਿ) ਦਬ ਕੇ ਛਿਪਣਾ। ਬਗੁਲਾਰੇ:ਪੋਲਾ ਬੋਲੋ। (ਬਗੁਲਾਰੇ) ਬਗੁਲੇ ਵਤ ਦੰਭੀ	Jaa Gur Kehai Outhahu Maerae Bhaaee Behi Jaahi Ghusar Bagulaarae ||	When the Guru says, ""Rise up, my Siblings of Destiny"", they sit down, crowded in like cranes.	ਜਦੋਂ ਸਤਿਗੁਰੂ (ਸਭ ਸਿੱਖਾਂ ਨੂੰ) ਆਖਦਾ ਹੈ-'ਹੇ ਮੇਰੇ ਭਰਾਵੋ, ਸੁਚੇਤ ਹੋਵੋ!' (ਤਾਂ ਇਹ ਸਾਕਤ ਭੀ) ਬਗਲਿਆਂ ਵਾਂਗ (ਸਿੱਖਾਂ ਵਿਚ) ਰਲ ਕੇ ਬਹਿ ਜਾਂਦੇ ਹਨ।
14261	312	ਗੁਰਸਿਖਾ ਅੰਦਰਿ ਸਤਿਗੁਰੁ ਵਰਤੈ ਚੁਣਿ ਕਢੇ ਲਧੋਵਾਰੇ॥	(ਲੱਧੋਵਾਰੇ) ਲੱਭਣ ਵਾਲਿਆਂ ਨੇ	Gurasikhaa Andhar Sathigur Varathai Chun Kadtae Ladhhovaarae ||	The True Guru prevails among His GurSikhs; they pick out and expel the wanderers.	(ਪਰ ਸਾਕਤਾਂ ਦੇ ਹਿਰਦੇ ਵਿਚ ਕੂੜ ਵੱਸਦਾ ਹੈ) ਤੇ ਗੁਰਸਿੱਖਾਂ ਦੇ ਹਿਰਦੇ ਵਿਚ ਸਤਿਗੁਰੂ ਵੱਸਦਾ ਹੈ, (ਇਸ ਕਰਕੇ ਸਿੱਖਾਂ ਵਿਚ ਰਲ ਕੇ ਬੈਠੇ ਹੋਏ ਭੀ ਸਾਕਤ) ਲਾਧ ਦੇ ਵੇਲੇ ਚੁਣ ਕੇ ਕੱਢੇ ਜਾਂਦੇ ਹਨ।

14262	312	ਓਇ ਅਗੈ ਪਿਛੈ ਬਹਿ ਮੁਹੁ ਛਪਾਇਨਿ ਨ ਰਲਨੀ ਖੋਟੇਆਰੇ॥		Oue Agai Pishhai Behi Muhu Shhapaaein N Ralanee Khottaeaarae ||	Sitting here and there, they hide their faces; being counterfeit, they cannot mix with the genuine.	ਉਹ ਅਗਾਂਹ ਪਿਛਾਂਹ ਹੋ ਕੇ ਮੂੰਹ ਤਾਂ ਬਥੇਰਾ ਲੁਕਾਂਦੇ ਹਨ, ਪਰ ਕੂੜ ਦੇ ਵਪਾਰੀ (ਸਿੱਖਾਂ ਵਿਚ) ਰਲ ਨਹੀਂ ਸਕਦੇ।
14263	312	ਓਨ੍ਹਾ ਦਾ ਭਖੁ ਸੁ ਓਥੈ ਨਾਹੀ ਜਾਇ ਕੂੜੁ ਲਹਨਿ ਭੇਡਾਰੇ॥	(ਭੱਖੁ) ਭੋਜਨ। (ਭੇਡਾਰੇ) ਭੇਡਾਂ ਵਾਂਗ। ਲਹ-ਨਿ	Ounaa Dhaa Bhakh S Outhhai Naahee Jaae Koorr Lehan Bhaeddaarae ||	There is no food for them there; the false go into the filth like sheep.	ਸਾਕਤਾਂ ਦਾ ਖਾਣਾ ਓਥੇ (ਗੁਰਸਿਖਾਂ ਦੇ ਸੰਗ ਵਿਚ) ਨਹੀਂ ਹੁੰਦਾ, (ਇਸ ਵਾਸਤੇ) ਭੇਡਾਂ ਵਾਂਗ (ਕਿਸੇ ਹੋਰ ਥਾਂ) ਜਾ ਕੇ ਕੂੜ ਨੂੰ ਲੱਭਦੇ ਹਨ।
14264	312	ਜੇ ਸਾਕਤੁ ਨਰੁ ਖਾਵਾਈਐ ਲੋਚੀਐ ਬਿਖੁ ਕਢੈ ਮੁਖਿ ਉਗਲਾਰੇ॥	ਉਗ-ਲਾਰੇ:ਪੋਲਾ ਬੋਲੋ	Jae Saakath Nar Khaavaaeeai Locheeai Bikh Kadtai Mukh Ougalaarae ||	If you try to feed the faithless cynic, he will spit out poison from his mouth.	ਜੇ ਸਾਕਤ ਮਨੁੱਖ ਨੂੰ (ਨਾਮ-ਰੂਪ) ਚੰਗਾ ਪਦਾਰਥ ਖਵਾਣ ਦੀ ਇੱਛਾ ਭੀ ਕਰੀਏ ਤਾਂ ਭੀ ਉਹ ਮੂੰਹੋਂ (ਨਿੰਦਾ-ਰੂਪ) ਵਿਹੁ ਹੀ ਉਗਲ ਕੇ ਕੱਢਦਾ ਹੈ।
14265	312	ਹਰਿ ਸਾਕਤ ਸੇਤੀ ਸੰਗੁ ਨ ਕਰੀਅਹੁ ਓਇ ਮਾਰੇ ਸਿਰਜਣਹਾਰੇ॥		Har Saakath Saethee Sang N Kareeahu Oue Maarae Sirajanehaarae ||	O Lord, let me not be in the company of the faithless cynic, who is cursed by the Creator Lord.	(ਹੇ ਸੰਤ ਜਨੋਂ!) ਰੱਬ ਤੋਂ ਟੁੱਟੇ ਹੋਏ ਨਾਲ ਸਾਥ ਨਾ ਕਰਿਓ, (ਕਿਉਂਕਿ) ਸਿਰਜਨਹਾਰ ਨੇ ਆਪ ਉਹਨਾਂ ਨੂੰ (ਨਾਮ ਵਲੋਂ) ਮੁਰਦਾ ਕੀਤਾ ਹੋਇਆ ਹੈ।

14266	312	ਜਿਸ ਕਾ ਇਹੁ ਖੇਲੁ ਸੋਈ ਕਰਿ ਵੇਖੈ ਜਨ ਨਾਨਕ ਨਾਮੁ ਸਮਾਰੇ॥੧॥		Jis Kaa Eihu Khael Soee Kar Vaekhai Jan Naanak Naam Samaarae ||1||	This drama belongs to the Lord; He performs it, and He watches over it. Servant Nanak cherishes the Naam, the Name of the Lord. ||1||	(ਉਹਨਾਂ ਨੂੰ ਸਿੱਧੇ ਰਾਹ ਤੇ ਲਿਆਉਣਾ ਕਿਸੇ ਜੀਵ ਦੇ ਵੱਸ ਨਹੀਂ), ਜਿਸ ਪ੍ਰਭੂ ਦਾ ਇਹ ਖੇਲ ਹੈ ਉਹ ਆਪ ਇਸ ਖੇਲ ਨੂੰ ਰਚ ਕੇ ਵੇਖ ਰਿਹਾ ਹੈ। ਹੇ ਦਾਸ ਨਾਨਕ! ਤੂੰ ਪ੍ਰਭੂ ਦਾ ਨਾਮ ਸੰਭਾਲ ॥੧॥
14267	312	ਮਃ ੪॥		Ma 4 ||	Fourth Mehl:	
14268	312	ਸਤਿਗੁਰੁ ਪੁਰਖੁ ਅਗੰਮੁ ਹੈ ਜਿਸੁ ਅੰਦਰਿ ਹਰਿ ਉਰਿ ਧਾਰਿਆ॥		Sathigur Purakh Aganm Hai Jis Andhar Har Our Dhhaariaa ||	The True Guru the Primal Being is inaccessible; He has enshrined the Lord's Name within His heart.	ਸਤਿਗੁਰੂ ਅਗੰਮ ਪੁਰਖ ਹੈ ਜਿਸ ਨੇ ਹਿਰਦੇ ਵਿਚ ਪ੍ਰਭੂ ਨੂੰ ਪਰੋਤਾ ਹੋਇਆ ਹੈ।
14269	312	ਸਤਿਗੁਰੂ ਨੋ ਅਪੜਿ ਕੋਇ ਨ ਸਕਈ ਜਿਸੁ ਵਲਿ ਸਿਰਜਣਹਾਰਿਆ॥	ਅੱਪੜਿ	Sathiguroo No Aparr Koe N Sakee Jis Val Sirajanehaariaa ||	No one can equal the True Guru; the Creator Lord is on His side.	ਸਤਿਗੁਰੂ ਦੀ ਬਰਾਬਰੀ ਕੋਈ ਨਹੀਂ ਕਰ ਸਕਦਾ, ਕਿਉਂਕਿ ਸਿਰਜਨਹਾਰ ਉਸ ਦੇ ਵੱਲ ਹੈ।

14270	312	ਸਤਿਗੁਰੂ ਕਾ ਖੜਗੁ ਸੰਜੋਉ ਹਰਿ ਭਗਤਿ ਹੈ ਜਿਤੁ ਕਾਲੁ ਕੰਟਕੁ ਮਾਰਿ ਵਿਡਾਰਿਆ॥	(ਖੜਗੁ) ਕ੍ਰਿਪਾਨ। (ਸੰਜੋਉ) ਲੋਹੇ ਦਾ ਬਸਤ੍ਰ	Sathiguroo Kaa Kharrag Sanjoo Har Bhagath Hai Jith Kaal Kanttak Maar Viddaariaa ||	Devotional worship of the Lord is the sword and armor of the True Guru; He has killed and cast out Death, the torturer.	ਸਤਿਗੁਰੂ ਦੀ ਖੜਗ ਤੇ ਸੰਜੋਅ ਪ੍ਰਭੂ ਦੀ ਭਗਤੀ ਹੈ ਜਿਸ ਨਾਲ ਉਸ ਨੇ ਕਾਲ (-ਰੂਪ) ਕੰਡੇ ਨੂੰ (ਭਾਵ, ਮੌਤ ਦੇ ਡਰ ਨੂੰ) ਮਾਰ ਕੇ ਪਰੇ ਸੁੱਟਿਆ ਹੈ।
14271	312	ਸਤਿਗੁਰੂ ਕਾ ਰਖਣਹਾਰਾ ਹਰਿ ਆਪਿ ਹੈ ਸਤਿਗੁਰੂ ਕੈ ਪਿਛੈ ਹਰਿ ਸਭਿ ਉਬਾਰਿਆ॥		Sathiguroo Kaa Rakhanehaaraa Har Aap Hai Sathiguroo Kai Pishhai Har Sabh Oubaariaa ||	The Lord Himself is the Protector of the True Guru. The Lord saves all those who follow in the footsteps of the True Guru.	ਸਤਿਗੁਰੂ ਦਾ ਰਾਖਾ ਪ੍ਰਭੂ ਆਪ ਹੈ ਤੇ ਸਤਿਗੁਰੂ ਦੇ ਪੂਰਨਿਆਂ ਤੇ ਤੁਰਨ ਵਾਲੇ ਸਭਨਾਂ ਨੂੰ ਭੀ ਪ੍ਰਭੂ ਬਚਾ ਲੈਂਦਾ ਹੈ।
14272	312	ਜੋ ਮੰਦਾ ਚਿਤਵੈ ਪੂਰੇ ਸਤਿਗੁਰੂ ਕਾ ਸੋ ਆਪਿ ਉਪਾਵਣਹਾਰੈ ਮਾਰਿਆ॥		Jo Mandhaa Chithavai Poorae Sathiguroo Kaa So Aap Oupaavanehaarai Maariaa ||	One who thinks evil of the Perfect True Guru - the Creator Lord Himself destroys him.	ਜੋ ਮਨੁੱਖ ਪੂਰੇ ਸਤਿਗੁਰੂ ਦਾ ਬੁਰਾ ਲੋਚਦਾ ਹੈ, ਉਸ ਨੂੰ ਆਪ ਕਰਤਾਰ ਮਾਰਦਾ ਹੈ।

14273	312	ਏਹ ਗਲ ਹੋਵੈ ਹਰਿ ਦਰਗਹ ਸਚੇ ਕੀ ਜਨ ਨਾਨਕ ਅਗਮੁ ਵੀਚਾਰਿਆ॥੨॥	ਗੱਲ	Eaeh Gal Hovai Har Dharageh Sachae Kee Jan Naanak Agam Veechaariaa ||2||	These words will be confirmed as true in the Court of the Lord; servant Nanak reveals this mystery. ||2||	ਸੱਚੇ ਹਰੀ ਦੀ ਦਰਗਾਹ ਵਿਚ ਇਹ ਨਿਆਂ ਹੁੰਦਾ ਹੈ, ਤੇ ਹੇ ਨਾਨਕ! ਅਗੰਮ ਹਰੀ ਦਾ ਸਿਮਰਨ ਕੀਤਿਆਂ (ਇਹ ਸਮਝ ਪੈਂਦੀ ਹੈ) ॥੨॥
14274	312	ਪਉੜੀ॥		Pourree ||	Pauree:	
14275	312	ਸਚੁ ਸੁਤਿਆ ਜਿਨੀ ਅਰਾਧਿਆ ਜਾ ਉਠੇ ਤਾ ਸਚੁ ਚਵੇ॥	(ਚਵੇ) ਉਚਾਰਨ। ਸੁੱਤਿਆ	Sach Suthiaa Jinee Araadhhiaa Jaa Outhae Thaa Sach Chavae ||	Those who dwell upon the True Lord while asleep, utter the True Name when they are awake.	ਜੋ ਮਨੁੱਖ ਸੁੱਤੇ ਹੋਏ ਭੀ ਸੱਚੇ ਹਰੀ ਨੂੰ ਸਿਮਰਦੇ ਹਨ ਤੇ ਉੱਠ ਕੇ ਭੀ ਉਸੇ ਦਾ ਨਾਮ ਉਚਾਰਦੇ ਹਨ।
14276	312	ਸੇ ਵਿਰਲੇ ਜੁਗ ਮਹਿ ਜਾਣੀਅਹਿ ਜੋ ਗੁਰਮੁਖਿ ਸਚੁ ਰਵੇ॥	(ਰਵੇ) ਸਿਮਰਦੇ। ਜਾਣੀਅਹਿ	Sae Viralae Jug Mehi Jaaneeahi Jo Guramukh Sach Ravae ||	How rare in the world are those Gurmukhs who dwell upon the True Lord.	ਮਨੁੱਖਾ ਜਨਮ ਵਿਚ ਇਹੋ ਜਿਹੇ ਮਨੁੱਖ ਵਿਰਲੇ ਹੀ ਲੱਭਦੇ ਹਨ ਜੋ ਗੁਰੂ ਦੇ ਸਨਮੁਖ ਰਹਿ ਕੇ ਇਸ ਤਰ੍ਹਾਂ ਸੱਚੇ ਨਾਮ ਦਾ ਆਨੰਦ ਲੈਂਦੇ ਹਨ।
14277	312	ਹਉ ਬਲਿਹਾਰੀ ਤਿਨ ਕਉ ਜਿ ਅਨ ਦਿਨੁ ਸਚੁ ਲਵੇ॥	(ਲਵੇ) ਬੋਲਦੇ	Ho Balihaaree Thin Ko J Anadhin Sach Lavae ||	I am a sacrifice to those who chant the True Name, night and day.	ਮੈਂ ਉਹਨਾਂ ਤੋਂ ਸਦਕੇ ਹਾਂ ਜੋ ਰੋਜ਼ (ਭਾਵ, ਹਰ ਵੇਲੇ) ਸੱਚੇ ਪ੍ਰਭੂ ਦਾ ਨਾਮ ਉਚਾਰਦੇ ਹਨ।

14278	312	ਜਿਨ ਮਨਿ ਤਨਿ ਸਚਾ ਭਾਵਦਾ ਸੇ ਸਚੀ ਦਰਗਹ ਗਵੇ॥	(ਗਵੇ) ਪਹੁੰਚੇ	Jin Man Than Sachaa Bhaavadhaa Sae Sachee Dharageh Gavae ||	The True Lord is pleasing to their minds and bodies; they go to the Court of the True Lord.	ਜਿਨ੍ਹਾਂ ਮਨੁੱਖਾਂ ਨੂੰ ਮਨ ਵਿਚ ਤੇ ਸਰੀਰ ਵਿਚ ਸੱਚਾ ਪ੍ਰਭੂ ਪਿਆਰਾ ਲੱਗਦਾ ਹੈ (ਭਾਵ, ਜਿਨ੍ਹਾਂ ਨੂੰ ਹਰੀ ਦੀ ਯਾਦ ਭੀ ਤੇ ਹਰੀ ਦੀ ਕਾਰ ਭੀ ਪਿਆਰੀ ਲੱਗਦੀ ਹੈ) ਉਹ ਸੱਚੀ ਦਰਗਾਹ ਵਿਚ ਪਹੁੰਚਦੇ ਹਨ।
14279	312	ਜਨੁ ਨਾਨਕੁ ਬੋਲੈ ਸਚੁ ਨਾਮੁ ਸਚੁ ਸਚਾ ਸਦਾ ਨਵੇ॥੨੧॥		Jan Naanak Bolai Sach Naam Sach Sachaa Sadhaa Navae ||21||	Servant Nanak chants the True Name; truly, the True Lord is forever brand new. ||21||	ਦਾਸ ਨਾਨਕ ਭੀ ਉਸ ਹਰੀ ਦਾ ਨਾਮ ਉਚਾਰਦਾ ਹੈ, ਜੋ ਸਦਾ-ਥਿਰ ਰਹਿਣ ਵਾਲਾ ਹੈ (ਭਾਵ, ਹਰ ਵੇਲੇ ਪਿਆਰਾ ਲੱਗਣ ਵਾਲਾ ਹੈ) ॥੨੧॥
14280	312	ਸਲੋਕੁ ਮਃ ੪॥		Salok Ma 4 ||	Shalok, Fourth Mehl:	
14281	312	ਕਿਆ ਸਵਣਾ ਕਿਆ ਜਾਗਣਾ ਗੁਰਮੁਖਿ ਤੇ ਪਰਵਾਣੁ॥		Kiaa Savanaa Kiaa Jaaganaa Guramukh Thae Paravaan ||	Who is asleep, and who is awake? Those who are Gurmukh are approved.	ਸੌਣਾ ਕੀਹ ਤੇ ਜਾਗਣਾ ਕੀਹ, ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹਨ ਉਹਨਾਂ ਲਈ ਇਹ ਦੋਵੇਂ ਹਾਲਤਾਂ ਇਕੋ ਜਿਹੀਆਂ ਹਨ-

14282	313	ਜਿਨਾ ਸਾਸਿ ਗਿਰਾਸਿ ਨ ਵਿਸਰੈ ਸੇ ਪੂਰੇ ਪੁਰਖ ਪਰਧਾਨ॥		Jinaa Saas Giraas N Visarai Sae Poorae Purakh Paradhhaan ||	Those who do not forget the Lord, with each and every breath and morsel of food, are the perfect and famous persons.	ਕਿ ਉਹਨਾਂ ਨੂੰ ਪ੍ਰਭੂ ਇਕ ਦਮ ਭੀ ਨਹੀਂ ਵਿੱਸਰਦਾ ਤੇ ਉਹ ਮਨੁੱਖ (ਸਰਬ ਗੁਣ) ਸੰਪੂਰਣ ਤੇ ਉੱਤਮ ਹੁੰਦੇ ਹਨ (ਭਾਵ, ਸੁੱਤੇ ਹੋਏ ਭੀ ਨਾਮ ਵਿੱਚ ਜੁੜੇ ਰਹਿੰਦੇ ਹਨ ਤੇ ਜਾਗਦੇ ਭੀ। ਲੋਕਾਂ ਨੂੰ ਉਹ ਸੁੱਤੇ ਜਾਂ ਜਾਗਦੇ ਦਿੱਸਦੇ ਹਨ, ਉਹ ਸਦਾ ਨਾਮ ਵਿਚ ਲੀਨ ਰਹਿੰਦੇ ਹਨ)।
14283	313	ਕਰਮੀ ਸਤਿਗੁਰੁ ਪਾਈਐ ਅਨ ਦਿਨੁ ਲਗੈ ਧਿਆਨੁ॥	(ਕਰਮੀ) ਕ੍ਰਿਪਾ	Karamee Sathigur Paaeeai Anadhin Lagai Dhhiaan ||	By His Grace they find the True Guru; night and day, they meditate.	(ਪ੍ਰਭੂ ਦੀ) ਮਿਹਰ ਨਾਲ ਸਤਿਗੁਰੂ ਮਿਲਦਾ ਹੈ ਤੇ ਹਰ ਵੇਲੇ (ਸੁੱਤਿਆਂ ਤੇ ਜਾਗਦਿਆਂ ਮਿਹਰ ਨਾਲ ਹੀ) ਜੀਵ ਦਾ ਧਿਆਨ (ਨਾਮ ਵਿਚ ਜੁੜਿਆ ਰਹਿੰਦਾ ਹੈ)।
14284	313	ਤਿਨ ਕੀ ਸੰਗਤਿ ਮਿਲਿ ਰਹਾ ਦਰਗਹ ਪਾਈ ਮਾਨੁ॥		Thin Kee Sangath Mil Rehaa Dharageh Paaee Maan ||	I join the society of those persons, and in so doing, I am honored in the Court of the Lord.	(ਚਿੱਤ ਲੋਚਦਾ ਹੈ ਕਿ) ਮੈਂ ਭੀ ਉਹਨਾਂ ਦੀ ਸੰਗਤਿ ਕਰਾਂ ਤੇ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਪਾਵਾਂ।
14285	313	ਸਉਦੇ ਵਾਹੁ ਵਾਹੁ ਉਚਰਹਿ ਉਠਦੇ ਭੀ ਵਾਹੁ ਕਰੇਨਿ॥	ਸਉਂਦੇ। ਉੱਚਰ-ਹਿ	Soudhae Vaahu Vaahu Oucharehi Outhadhae Bhee Vaahu Karaen ||	While asleep, they chant, ""Waaho! Waaho!"", and while awake, they chant, ""Waaho!"" as well.	(ਸਤਿਗੁਰੂ ਦੇ ਸਨਮੁਖ ਹੋਏ ਹੋਏ ਉਹ ਵਡਭਾਗੀ ਜੀਉੜੇ) ਸੌਣ ਲੱਗੇ ਭੀ ਸਿਫ਼ਤਿ-ਸਾਲਾਹ ਕਰਦੇ ਹਨ ਤੇ ਉਠਣ ਵੇਲੇ ਭੀ।

14286	313	ਨਾਨਕ ਤੇ ਮੁਖ ਉਜਲੇ ਜਿ ਨਿਤ ਉਠਿ ਸੰਮਾਲੇਨਿ॥੧॥	ਉੱਜਲੇ। ਸੰ-ਮ੍ਹਾ-ਲੇਨਿ	Naanak Thae Mukh Oujalae J Nith Outh Sanmaalaen ||1||	O Nanak, radiant are the faces of those, who rise up early each day, and dwell upon the Lord. ||1||	ਹੇ ਨਾਨਕ! ਉਹ ਮੂੰਹ ਉੱਜਲੇ ਹੁੰਦੇ ਹਨ, ਜੋ ਸਦਾ ਸੁਚੇਤ ਰਹਿ ਕੇ ਨਾਮ ਚੇਤੇ ਰੱਖਦੇ ਹਨ ॥੧॥
14287	313	ਮਃ ੪॥		Ma 4 ||	Fourth Mehl:	
14288	313	ਸਤਿਗੁਰੁ ਸੇਵੀਐ ਆਪਣਾ ਪਾਈਐ ਨਾਮੁ ਅਪਾਰੁ॥		Sathigur Saeveeai Aapanaa Paaeeai Naam Apaar ||	Serving his True Guru, one obtains the Naam, the Name of the Infinite Lord.	ਆਪਣੇ ਸਤਿਗੁਰੂ ਦੀ ਦੱਸੀ ਹੋਈ ਕਾਰ ਕਰੀਏ, ਤਾਂ ਨਾਹ ਮੁੱਕਣ ਵਾਲਾ ਨਾਮ (ਭਾਵ, ਨਾਮ ਦਾ ਖ਼ਜ਼ਾਨਾ) ਮਿਲ ਜਾਂਦਾ ਹੈ।
14289	313	ਭਉਜਲਿ ਡੁਬਦਿਆ ਕਢਿ ਲਏ ਹਰਿ ਦਾਤਿ ਕਰੇ ਦਾਤਾਰੁ॥		Bhoujal Ddubadhiaa Kadt Leae Har Dhaath Karae Dhaathaar ||	The drowning person is lifted up and out of the terrifying world-ocean; the Great Giver gives the gift of the Lord's Name.	ਦਾਤਾਂ ਦੇਣ ਵਾਲਾ ਹਰੀ (ਨਾਮ ਦੀ ਇਹ) ਦਾਤਿ ਬਖ਼ਸ਼ਦਾ ਹੈ ਤੇ (ਨਾਮ) ਸੰਸਾਰ-ਸਾਗਰ ਵਿਚ ਡੁਬੱਦੇ ਨੂੰ ਕੱਢ ਲੈਂਦਾ ਹੈ।
14290	313	ਧੰਨੁ ਧੰਨੁ ਸੇ ਸਾਹ ਹੈ ਜਿ ਨਾਮਿ ਕਰਹਿ ਵਾਪਾਰੁ॥		Dhhann Dhhann Sae Saah Hai J Naam Karehi Vaapaar ||	Blessed, blessed are those bankers who trade the Naam.	ਜੋ ਸ਼ਾਹ ਨਾਮ (ਦੀ ਰਾਸਿ) ਨਾਲ ਵਪਾਰ ਕਰਦੇ ਹਨ ਉਹ ਵਡਭਾਗੀ ਹਨ,

14291	313	ਵਣਜਾਰੇ ਸਿਖ ਆਵਦੇ ਸਬਦਿ ਲਘਾਵਣਹਾਰੁ॥		Vanajaarae Sikh Aavadhae Sabadh Laghaavanehaar ||	The Sikhs, the traders come, and through the Word of His Shabad, they are carried across.	(ਕਿਉਂਕਿ ਇਹੋ ਜਿਹਾ) ਵਣਜ ਕਰਨ ਵਾਲੇ ਜੋ ਸਿੱਖ (ਸਤਿਗੁਰੂ ਦੇ ਕੋਲ) ਆਉਂਦੇ ਹਨ, (ਸਤਿਗੁਰੂ ਉਹਨਾਂ ਨੂੰ ਆਪਣੇ) ਸ਼ਬਦ ਰਾਹੀਂ (ਭਉਜਲ ਤੋਂ) ਪਾਰ ਉਤਾਰ ਦੇਂਦਾ ਹੈ।
14292	313	ਜਨ ਨਾਨਕ ਜਿਨ ਕਉ ਕ੍ਰਿਪਾ ਭਈ ਤਿਨ ਸੇਵਿਆ ਸਿਰਜਣਹਾਰੁ॥੨॥		Jan Naanak Jin Ko Kirapaa Bhee Thin Saeviaa Sirajanehaar ||2||	O servant Nanak, they alone serve the Creator Lord, who are blessed by His Grace. ||2||	(ਪਰ) ਹੇ ਦਾਸ ਨਾਨਕ! ਸਿਰਜਣਹਾਰ ਪ੍ਰਭੂ ਦੀ ਬੰਦਗੀ ਉਹੀ ਮਨੁੱਖ ਕਰਦੇ ਹਨ, ਜਿਨ੍ਹਾਂ ਤੇ ਪ੍ਰਭੂ ਆਪ ਮਿਹਰ ਕਰਦਾ ਹੈ ॥੨॥
14293	313	ਪਉੜੀ॥		Pourree ||	Pauree:	
14294	313	ਸਚੁ ਸਚੇ ਕੇ ਜਨ ਭਗਤ ਹਹਿ ਸਚੁ ਸਚਾ ਜਿਨੀ ਅਰਾਧਿਆ॥		Sach Sachae Kae Jan Bhagath Hehi Sach Sachaa Jinee Araadhhiaa ||	Those who truly worship and adore the True Lord, are truly the humble devotees of the True Lord.	ਜੋ ਮਨੁੱਖ ਸੱਚੇ ਹਰੀ ਦਾ ਸਚ-ਮੁਚ ਭਜਨ ਕਰਦੇ ਹਨ, ਉਹੋ ਹੀ ਸੱਚੇ ਦੇ ਭਗਤ (ਕਹੀਦੇ) ਹਨ।
14295	313	ਜਿਨ ਗੁਰਮੁਖਿ ਖੋਜਿ ਢੰਢੋਲਿਆ ਤਿਨ ਅੰਦਰਹੁ ਹੀ ਸਚੁ ਲਾਧਿਆ॥	ਲਾੱਧਿਆ	Jin Guramukh Khoj Dtandtoliaa Thin Andharahu Hee Sach Laadhhiaa ||	Those Gurmukhs who search and seek, find the True One within themselves.	ਜੋ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਖੋਜ ਕੇ ਢੂੰਢਦੇ ਹਨ (ਭਾਵ, ਜਤਨ ਨਾਲ ਭਾਲਦੇ ਹਨ) ਉਹ ਆਪਣੇ ਹਿਰਦੇ ਵਿਚ ਹੀ ਪ੍ਰਭੂ ਨੂੰ ਲੱਭ ਲੈਂਦੇ ਹਨ।

14296	313	ਸਚੁ ਸਾਹਿਬੁ ਸਚੁ ਜਿਨੀ ਸੇਵਿਆ ਕਾਲੁ ਕੰਟਕੁ ਮਾਰਿ ਤਿਨੀ ਸਾਧਿਆ॥	(ਸਾੱਧਿਆ) ਸੋਧਿਆ	Sach Saahib Sach Jinee Saeviaa Kaal Kanttak Maar Thinee Saadhhiaa ||	Those who truly serve their True Lord and Master, overwhelm and conquer Death, the torturer.	ਜਿਨ੍ਹਾਂ ਮਨੁੱਖਾਂ ਨੇ ਸੱਚਾ ਸਾਈਂ ਸਚ-ਮੁਚ ਸੇਵਿਆ ਹੈ ਉਹਨਾਂ ਨੇ ਦੁਖਦਾਈ ਕਾਲ ਨੂੰ ਮਾਰ ਕੇ ਕਾਬੂ ਕਰ ਲਿਆ ਹੈ, (ਭਾਵ, ਉਹਨਾਂ ਨੂੰ ਕਾਲ ਕੰਡੇ ਵਾਂਗ ਦੁਖਦਾਈ ਨਹੀਂ ਜਾਪਦਾ)।
14297	313	ਸਚੁ ਸਚਾ ਸਭ ਦੂ ਵਡਾ ਹੈ ਸਚੁ ਸੇਵਨਿ ਸੇ ਸਚਿ ਰਲਾਧਿਆ॥	ਰਲੱਾਧਿਆ	Sach Sachaa Sabh Dhoo Vaddaa Hai Sach Saevan Sae Sach Ralaadhhiaa ||	The True One is truly the greatest of all; those who serve the True One are blended with the True One.	ਜੋ ਸੱਚਾ ਹਰੀ ਸਭ ਤੋਂ ਵੱਡਾ ਹੈ, ਉਸ ਦੀ ਬੰਦਗੀ ਜੋ ਮਨੁੱਖ ਕਰਦੇ ਹਨ, ਉਹ ਉਸ ਵਿਚ ਹੀ ਲੀਨ ਹੋ ਜਾਂਦੇ ਹਨ।
14298	313	ਸਚੁ ਸਚੇ ਨੋ ਸਾਬਾਸਿ ਹੈ ਸਚੁ ਸਚਾ ਸੇਵਿ ਫਲਾਧਿਆ॥੨੨॥	(ਫਲੱਾਧਿਆ) ਫਲ਼ ਪਾਇਆ	Sach Sachae No Saabaas Hai Sach Sachaa Saev Falaadhhiaa ||22||	Blessed and acclaimed is the Truest of the True; serving the Truest of the True, one blossoms forth in fruition. ||22||	ਧੰਨ ਹੈ ਸੱਚਾ ਪ੍ਰਭੂ, ਧੰਨ ਹੈ ਸੱਚਾ ਪ੍ਰਭੂ (ਇਸ ਤਰ੍ਹਾਂ) ਜੋ ਮਨੁੱਖ ਸਚ-ਮੁਚ ਸੱਚੇ ਦੀ ਅਰਾਧਨਾ ਕਰਦੇ ਹਨ, ਉਹਨਾਂ ਨੂੰ ਉੱਤਮ ਫਲ ਪ੍ਰਾਪਤ ਹੁੰਦਾ ਹੈ (ਭਾਵ, ਉਹ ਮਨੁੱਖਾ ਜਨਮ ਨੂੰ ਸਫਲਾ ਕਰ ਲੈਂਦੇ ਹਨ) ॥੨੨॥
14299	313	ਸਲੋਕ ਮਃ ੪॥		Salok Ma 4 ||	Shalok, Fourth Mehl:	
14300	313	ਮਨਮੁਖੁ ਪ੍ਰਾਣੀ ਮੁਗਧੁ ਹੈ ਨਾਮ ਹੀਣ ਭਰਮਾਇ॥		Manamukh Praanee Mugadhh Hai Naameheen Bharamaae ||	The self-willed manmukh is foolish; he wanders around without the Naam, the Name of the Lord.	ਮਨਮੁਖ ਮਨੁੱਖ ਮੂਰਖ ਹੈ, ਨਾਮ ਤੋਂ ਸੱਖਣਾ ਭਟਕਦਾ ਫਿਰਦਾ ਹੈ।

14301	313	ਬਿਨੁ ਗੁਰ ਮਨੂਆ ਨਾ ਟਿਕੈ ਫਿਰਿ ਫਿਰਿ ਜੂਨੀ ਪਾਇ॥	ਟਿਕੈ: ਪੋਲਾ ਬੋਲੋ	Bin Gur Manooaa Naa Ttikai Fir Fir Joonee Paae ||	Without the Guru, his mind is not held steady, and he is reincarnated, over and over again.	ਸਤਿਗੁਰੂ ਤੋਂ ਬਿਨਾ ਉਸ ਦਾ ਹੋਛਾ ਮਨ (ਕਿਸੇ ਆਸਰੇ ਤੇ) ਟਿਕ ਨਹੀਂ ਸਕਦਾ (ਇਸ ਵਾਸਤੇ) ਫਿਰ ਫਿਰ ਜੂਨਾਂ ਵਿਚ ਪੈਂਦਾ ਹੈ।
14302	313	ਹਰਿ ਪ੍ਰਭੁ ਆਪਿ ਦਇਆਲ ਹੋਹਿ ਤਾਂ ਸਤਿਗੁਰੁ ਮਿਲਿਆ ਆਇ॥	ਦਇਆਲ, ਹੋਹਿ	Har Prabh Aap Dhaeiaal Hohi Thaan Sathigur Miliaa Aae ||	But when the Lord God Himself becomes merciful to him, then the True Guru comes to meet him.	ਜੇ ਹਰੀ ਪ੍ਰਭੂ ਆਪ ਮਿਹਰ ਕਰੇ ਤਾਂ ਸਤਿਗੁਰੂ ਆ ਕੇ ਮਿਲ ਪੈਂਦਾ ਹੈ (ਤੇ ਨਾਮ ਦੇ ਆਸਰੇ ਟਿਕਾ ਕੇ ਭਟਕਣ ਤੋਂ ਬਚਾ ਲੈਂਦਾ ਹੈ)।
14303	313	ਜਨ ਨਾਨਕ ਨਾਮੁ ਸਲਾਹਿ ਤੂ ਜਨਮ ਮਰਣ ਦੁਖੁ ਜਾਇ॥੧॥		Jan Naanak Naam Salaahi Thoo Janam Maran Dhukh Jaae ||1||	O servant Nanak, praise the Naam; the pains of birth and death shall come to an end. ||1||	(ਇਸ ਵਾਸਤੇ) ਹੇ ਦਾਸ ਨਾਨਕ! ਤੂੰ ਭੀ ਨਾਮ ਦੀ ਸਿਫ਼ਤਿ-ਸਾਲਾਹ ਕਰ (ਤਾ ਕਿ) ਤੇਰਾ ਸਾਰੀ ਉਮਰ ਦਾ ਦੁੱਖ ਮੁੱਕ ਜਾਏ ॥੧॥
14304	313	ਮਃ ੪॥		Ma 4 ||	Fourth Mehl:	
14305	313	ਗੁਰੁ ਸਾਲਾਹੀ ਆਪਣਾ ਬਹੁ ਬਿਧਿ ਰੰਗਿ ਸੁਭਾਇ॥		Gur Saalaahee Aapanaa Bahu Bidhh Rang Subhaae ||	I praise my Guru in so many ways, with joyful love and affection.	(ਮਨ ਲੋਚਦਾ ਹੈ ਕਿ) ਕਈ ਤਰ੍ਹਾਂ (ਭਾਵ, ਕਈ ਤਰ੍ਹਾਂ ਦੇ ਵਲਵਲਿਆਂ ਨਾਲ) ਪਿਆਰੇ ਸਤਿਗੁਰੂ ਦੇ ਪਿਆਰ ਵਿਚ ਤੇ ਸੁਭਾਉ ਵਿਚ (ਲੀਨ ਹੋ ਕੇ) ਉਸ ਦੀ ਸਿਫ਼ਤਿ-ਸਾਲਾਹ ਕਰਾਂ।

14306	313	ਸਤਿਗੁਰ ਸੇਤੀ ਮਨੁ ਰਤਾ ਰਖਿਆ ਬਣਤ ਬਣਾਇ॥		Sathigur Saethee Man Rathaa Rakhiaa Banath Banaae ||	My mind is imbued with the True Guru; He has preserved the make of its making.	ਮੇਰਾ ਮਨ ਪਿਆਰੇ ਸਤਿਗੁਰੂ ਨਾਲ ਰੰਗਿਆ ਗਿਆ ਹੈ, (ਗੁਰੂ ਨੇ ਮੇਰੇ ਮਨ ਨੂੰ) ਸਵਾਰ ਬਣਾ ਦਿੱਤਾ ਹੈ।
14307	313	ਜਿਹਵਾ ਸਾਲਾਹਿ ਨ ਰਜਈ ਹਰਿ ਪ੍ਰੀਤਮ ਚਿਤੁ ਲਾਇ॥	ਰੱਜੱਈ	Jihavaa Saalaahi N Rajee Har Preetham Chith Laae ||	My tongue is not satisfied by praising Him; He has linked my consciousness with the Lord, my Beloved.	ਮੇਰੀ ਜੀਭ ਸਿਫ਼ਤਿ-ਸਾਲਾਹ ਕਰ ਕੇ ਨਹੀਂ ਰੱਜਦੀ ਤੇ ਮਨ ਪ੍ਰੀਤਮ ਪ੍ਰਭੂ ਨਾਲ (ਨਿਹੁੰ) ਲਾ ਕੇ ਨਹੀਂ ਰੱਜਦਾ।
14308	313	ਨਾਨਕ ਨਾਵੈ ਕੀ ਮਨਿ ਭੁਖ ਹੈ ਮਨੁ ਤ੍ਰਿਪਤੈ ਹਰਿ ਰਸੁ ਖਾਇ॥੨॥		Naanak Naavai Kee Man Bhukh Hai Man Thripathai Har Ras Khaae ||2||	O Nanak, my mind hungers for the Name of the Lord; my mind is satisfied, tasting the sublime essence of the Lord. ||2||	(ਰੱਜੇ ਭੀ ਕਿਵੇਂ?) ਹੇ ਨਾਨਕ! ਮਨ ਵਿਚ ਤਾਂ ਨਾਮ ਦੀ ਭੁੱਖ ਹੈ, ਮਨ ਤਾਂ ਹੀ ਰੱਜੇ ਜੇ ਪ੍ਰਭੂ ਦੇ ਨਾਮ ਦਾ ਸੁਆਦ ਚੱਖ ਲਏ ॥੨॥
14309	313	ਪਉੜੀ॥		Pourree ||	Pauree:	
14310	313	ਸਚੁ ਸਚਾ ਕੁਦਰਤਿ ਜਾਣੀਐ ਦਿਨੁ ਰਾਤੀ ਜਿਨਿ ਬਣਾਈਆ॥	ਬਣਾਈਆਂ	Sach Sachaa Kudharath Jaaneeai Dhin Raathee Jin Banaaeeaa ||	The True Lord is truly known for His all-powerful creative nature; He fashioned the days and the nights.	ਜਿਸ ਪ੍ਰਭੂ ਨੇ ਦਿਨ ਤੇ ਰਾਤ (ਵਰਗੇ ਕੌਤਕ) ਬਣਾਏ ਹਨ, ਉਹ ਸੱਚਾ ਪ੍ਰਭੂ (ਇਸ) ਕੁਦਰਤਿ ਤੋਂ ਹੀ ਸਚ-ਮੁਚ (ਵੱਡੀਆਂ ਵਡਿਆਈਆਂ ਵਾਲਾ) ਮਲੂਮ ਹੁੰਦਾ ਹੈ।

14311	313	ਸੋ ਸਚੁ ਸਲਾਹੀ ਸਦਾ ਸਦਾ ਸਚੁ ਸਚੇ ਕੀਆ ਵਡਿਆਈਆ॥		So Sach Salaahee Sadhaa Sadhaa Sach Sachae Keeaa Vaddiaaeeaa ||	I praise that True Lord, forever and ever; True is the glorious greatness of the True Lord.	(ਮੇਰਾ ਮਨ ਚਾਹੁੰਦਾ ਹੈ ਕਿ) ਮੈਂ ਸਦਾ ਉਸ ਸੱਚੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਾਂ ਤੇ ਵਡਿਆਈ ਆਖਾਂ।
14312	313	ਸਾਲਾਹੀ ਸਚੁ ਸਲਾਹ ਸਚੁ ਸਚੁ ਕੀਮਤਿ ਕਿਨੈ ਨ ਪਾਈਆ॥	ਪਾਈਆ: ਬਿੰਦੀ ਨਹੀਂ ਲਾਉਣੀ	Saalaahee Sach Salaah Sach Sach Keemath Kinai N Paaeeaa ||	True are the Praises of the Praiseworthy True Lord; the value of the True Lord cannot be appraised.	ਸਲਾਹੁਣ-ਜੋਗ ਹਰੀ ਸੱਚਾ ਹੈ, ਉਸ ਦੀ ਵਡਿਆਈ ਭੀ ਥਿਰ ਰਹਿਣ ਵਾਲੀ ਹੈ, ਪਰ ਕਿਸੇ ਉਸ ਦੀ ਕੀਮਤ ਨਹੀਂ ਪਾਈ।
14313	313	ਜਾ ਮਿਲਿਆ ਪੂਰਾ ਸਤਿਗੁਰੂ ਤਾ ਹਾਜਰੁ ਨਦਰੀ ਆਈਆ॥	ਆਈਆ: ਬਿੰਦੀ ਨਹੀਂ ਲਾਉਣੀ	Jaa Miliaa Pooraa Sathiguroo Thaa Haajar Nadharee Aaeeaa ||	When someone meets the Perfect True Guru, then His Sublime Presence comes to be seen.	ਜਦੋਂ ਪੂਰਨ ਸਤਿਗੁਰੂ ਮਿਲਦਾ ਹੈ ਤਾਂ ਉਹ ਵਡਿਆਈਆਂ ਪ੍ਰਤੱਖ ਦਿੱਸ ਪੈਂਦੀਆਂ ਹਨ।
14314	313	ਸਚੁ ਗੁਰਮੁਖਿ ਜਿਨੀ ਸਲਾਹਿਆ ਤਿਨ੍ਹਾ ਭੁਖਾ ਸਭਿ ਗਵਾਈਆ॥੨੩॥	ਭੁੱਖਾਂ ਗਵਾਈਆਂ	Sach Guramukh Jinee Salaahiaa Thinaa Bhukhaa Sabh Gavaaeeaa ||23||	Those Gurmukhs who praise the True Lord - all their hunger is gone. ||23||	ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੋ ਕੇ (ਭਾਵ, ਆਪਾ ਗਵਾ ਕੇ) ਸੱਚੇ ਪ੍ਰਭੂ ਦੀ ਵਡਿਆਈ ਕਰਦੇ ਹਨ, ਉਹਨਾਂ ਦੀਆਂ ਸਾਰੀਆਂ ਭੁੱਖਾਂ ਦੂਰ ਹੋ ਜਾਂਦੀਆਂ ਹਨ ॥੨੩॥
14315	313	ਸਲੋਕ ਮਃ ੪॥		Salok Ma 4 ||	Shalok, Fourth Mehl:	

14316	313	ਮੈ ਮਨੁ ਤਨੁ ਖੋਜਿ ਖੋਜੇਦਿਆ ਸੋ ਪ੍ਰਭੁ ਲਧਾ ਲੋੜਿ॥	ਲੱਧਾ	Mai Man Than Khoj Khojaedhiaa So Prabh Ladhhaa Lorr ||	Searching and examining my mind and body, I have found that God, whom I longed for.	ਮਨ ਤੇ ਸਰੀਰ ਨੂੰ ਖੋਜਦਿਆਂ ਖੋਜਦਿਆਂ ਮੈਂ (ਅੰਤ ਨੂੰ) ਭਾਲ ਕੇ ਪ੍ਰਭੂ ਲੱਭ ਹੀ ਲਿਆ (ਪਰ ਮੈਂ ਆਪਣੇ ਬਲ ਦੇ ਆਸਰੇ ਲੱਭ ਨਹੀ ਸਾਂ ਸਕਦਾ)।
14317	313	ਵਿਸਟੁ ਗੁਰੂ ਮੈ ਪਾਇਆ ਜਿਨਿ ਹਰਿ ਪ੍ਰਭੁ ਦਿਤਾ ਜੋੜਿ॥੧॥	ਵਿਸਟੁ:ਪੋਲਾ ਬੋਲੋ। (ਵਿਸਟੁ) ਵਿਚੋਲੇ	Visatt Guroo Mai Paaeiaa Jin Har Prabh Dhithaa Jorr ||1||	I have found the Guru, the Divine Intermediary, who has united me with the Lord God. ||1||	ਮੈਨੂੰ ਸਤਿਗੁਰੂ ਵਕੀਲ ਮਿਲ ਪਿਆ, ਜਿਸ ਨੇ ਹਰੀ ਪ੍ਰਭੂ ਮੇਲ ਦਿੱਤਾ ॥੧॥
14318	313	ਮਃ ੩॥		Ma 3 ||	Third Mehl:	
14319	313	ਮਾਇਆਧਾਰੀ ਅਤਿ ਅੰਨ੍ਹਾ ਬੋਲਾ॥	ਅਤਿ, ਬੋਲ਼ਾ: ਪੋਲੇ ਬੋਲੋ	Maaeiaadhhaaree Ath Annaa Bolaa ||	One who is attached to Maya is totally blind and deaf.	ਜਿਸ ਮਨੁੱਖ ਨੇ (ਹਿਰਦੇ ਵਿਚ) ਮਾਇਆ (ਦਾ ਪਿਆਰ) ਧਾਰਨ ਕੀਤਾ ਹੋਇਆ ਹੈ ਉਹ (ਸਤਿਗੁਰੂ ਵਲੋਂ) ਅੰਨ੍ਹਾ ਤੇ ਬੋਲਾ ਹੈ (ਭਾਵ, ਨਾ ਸਤਿਗੁਰੂ ਦਾ ਦਰਸ਼ਨ ਕਰ ਕੇ ਪਤੀਜ ਸਕਦਾ ਹੈ, ਤੇ ਨਾ ਹੀ ਉਪਦੇਸ਼ ਸੁਣ ਕੇ)।
14320	313	ਸਬਦੁ ਨ ਸੁਣਈ ਬਹੁ ਰੋਲ ਘਚੋਲਾ॥		Sabadh N Sunee Bahu Rol Ghacholaa ||	He does not listen to the Word of the Shabad; he makes a great uproar and tumult.	ਉਹ ਮਨੁੱਖ ਸਤਿਗੁਰੂ ਦੇ ਸ਼ਬਦ ਵਲ ਧਿਆਨ ਨਹੀਂ ਦੇਂਦਾ, (ਪਰ) (ਮਾਇਆ ਦਾ) ਖਪਾਉਣ ਵਾਲਾ (ਭਾਵ, ਸਿਰ-ਦਰਦੀ ਕਰਾਉਣ ਵਾਲਾ) ਰੌਲਾ ਬਹੁਤ (ਪਸੰਦ ਕਰਦਾ ਹੈ)।

14321	313	ਗੁਰਮੁਖਿ ਜਾਪੈ ਸਬਦਿ ਲਿਵ ਲਾਇ॥		Guramukh Jaapai Sabadh Liv Laae ||	The Gurmukhs chant and meditate on the Shabad, and lovingly center their consciousness on it.	ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੁੰਦਾ ਹੈ, (ਉਹ ਇਉਂ) ਦਿੱਸ ਪੈਂਦਾ ਹੈ (ਕਿ) ਉਹ ਗੁਰੂ ਦੇ ਸ਼ਬਦ ਵਿਚ ਬਿਰਤੀ ਜੋੜਦਾ ਹੈ।
14322	313	ਹਰਿ ਨਾਮੁ ਸੁਣਿ ਮੰਨੇ ਹਰਿ ਨਾਮਿ ਸਮਾਇ॥		Har Naam Sun Mannae Har Naam Samaae ||	They hear and believe in the Name of the Lord; they are absorbed in the Name of the Lord.	ਹਰੀ ਦੇ ਨਾਮ ਨੂੰ ਸੁਣ ਕੇ ਉਸ ਤੇ ਸਿਦਕ ਲਿਆਉਂਦਾ ਹੈ ਤੇ ਹਰੀ ਦੇ ਨਾਮ ਵਿਚ (ਹੀ) ਲੀਨ ਹੋ ਜਾਂਦਾ ਹੈ।
14323	313	ਜੋ ਤਿਸੁ ਭਾਵੈ ਸੁ ਕਰੇ ਕਰਾਇਆ॥		Jo This Bhaavai S Karae Karaaeiaa ||	Whatever pleases God, He causes that to be done.	(ਪਰ ਮਾਇਆਧਾਰੀ ਜਾਂ ਗੁਰਮੁਖਿ ਦੇ ਕੀਹ ਹੱਥ?) ਜੋ ਕੁੱਝ ਉਸ ਪ੍ਰਭੂ ਨੂੰ ਚੰਗਾ ਲੱਗਦਾ ਹੈ (ਉਸ ਦੇ ਅਨੁਸਾਰ) ਇਹ ਜੀਵ ਕਰਵਾਇਆ ਕੰਮ ਕਰਦਾ ਹੈ।
14324	313	ਨਾਨਕ ਵਜਦਾ ਜੰਤੁ ਵਜਾਇਆ॥੨॥		Naanak Vajadhaa Janth Vajaaeiaa ||2||	O Nanak, human beings are the instruments which vibrate as God plays them. ||2||	ਹੇ ਨਾਨਕ! ਜੀਵ (ਵਾਜੇ ਵਾਂਗ) ਵਜਾਇਆ ਵੱਜਦਾ ਹੈ (ਭਾਵ, ਬੁਲਾਇਆਂ ਬੋਲਦਾ ਹੈ) ॥੨॥
14325	314	ਪਉੜੀ॥		Pourree ||	Pauree:	
14326	314	ਤੂ ਕਰਤਾ ਸਭੁ ਕਿਛੁ ਜਾਣਦਾ ਜੋ ਜੀਆ ਅੰਦਰਿ ਵਰਤੈ॥		Thoo Karathaa Sabh Kishh Jaanadhaa Jo Jeeaa Andhar Varathai ||	You, O Creator, know everything which occurs within our beings.	ਹੇ ਸਿਰਜਣਹਾਰ! ਜੋ ਕੁਝ ਜੀਵਾਂ ਦੇ ਮਨਾਂ ਵਿਚ ਵਰਤਦਾ ਹੈ (ਭਾਵ, ਜੋ ਫੁਰਨੇ ਫੁਰਦੇ ਹਨ), ਤੂੰ ਉਹ ਸਾਰਾ ਜਾਣਦਾ ਹੈਂ।

14327	314	ਤੂ ਕਰਤਾ ਆਪਿ ਅਗਣਤੁ ਹੈ ਸਭੁ ਜਗੁ ਵਿਚਿ ਗਣਤੈ॥	ਅ-ਗਣਤੁ	Thoo Karathaa Aap Aganath Hai Sabh Jag Vich Ganathai ||	You Yourself, O Creator, are incalculable, while the entire world is within the realm of calculation.	ਸਾਰਾ ਸੰਸਾਰ ਹੀ ਇਸ ਗਣਤ (ਲਾਹੇ ਤੋਟੇ ਦੀ ਵਿਚਾਰ, ਚਿੰਤਾ ਦੇ ਫੁਰਨੇ) ਵਿਚ ਹੈ, ਹੇ ਸਿਰਜਣਹਾਰ! ਇਕ ਤੂੰ ਇਸ ਤੋਂ ਪਰੇ ਹੈਂ,
14328	314	ਸਭੁ ਕੀਤਾ ਤੇਰਾ ਵਰਤਦਾ ਸਭ ਤੇਰੀ ਬਣਤੈ॥		Sabh Keethaa Thaeraa Varathadhaa Sabh Thaeree Banathai ||	Everything happens according to Your Will; You created all.	(ਕਿਉਂਕਿ) ਜੋ ਕੁਝ ਹੋ ਰਿਹਾ ਹੈ ਸਭ ਤੇਰਾ ਕੀਤਾ ਹੋ ਰਿਹਾ ਹੈ, ਸਾਰੀ (ਸ੍ਰਿਸ਼ਟੀ ਦੀ) ਬਨਾਵਟ ਹੀ ਤੇਰੀ ਬਣਾਈ ਹੋਈ ਹੈ।
14329	314	ਤੂ ਘਟਿ ਘਟਿ ਇਕੁ ਵਰਤਦਾ ਸਚੁ ਸਾਹਿਬ ਚਲਤੈ॥	ਚਲਤੈ:ਪੋਲਾ ਬੋਲੋ। ਚਲਤੈ) ਚਲਿੱਤ੍ਰ	Thoo Ghatt Ghatt Eik Varathadhaa Sach Saahib Chalathai ||	You are the One, pervading in each and every heart; O True Lord and Master, this is Your play.	ਹੇ ਹਰੀ! ਤੂੰ ਹਰੇਕ ਘਟ ਵਿਚ ਵਿਆਪਕ ਹੈਂ, ਤੇਰੇ ਕੌਤਕ (ਅਸਚਰਜ) ਹਨ। (ਸਭ ਥਾਈਂ ਵਿਆਪਕ ਹੁੰਦੇ ਹੋਏ ਹਰੀ ਨੂੰ ਭੀ ਆਪਣੇ ਆਪ ਕੋਈ ਨਹੀਂ ਲੱਭ ਸਕਿਆ।)
14330	314	ਸਤਿਗੁਰ ਨੋ ਮਿਲੇ ਸੁ ਹਰਿ ਮਿਲੇ ਨਾਹੀ ਕਿਸੈ ਪਰਤੈ॥੨੪॥	(ਪਰਤੈ) ਹੋਰ ਤੋਂ	Sathigur No Milae S Har Milae Naahee Kisai Parathai ||24||	One who meets the True Guru meets the Lord; no one can turn him away. ||24||	ਜੋ ਮਨੁੱਖ ਸਤਿਗੁਰੂ ਨੂੰ ਮਿਲਿਆ ਹੈ, ਉਸੇ ਨੇ ਹੀ ਹਰੀ ਨੂੰ ਲੱਭਾ ਹੈ, (ਮਾਇਆ) ਦੇ ਕਿਸੇ (ਅਡੰਬਰ) ਨੇ ਉਹਨਾਂ ਨੂੰ ਹਰੀ ਵਲੋਂ ਪਰਤਾਇਆ ਨਹੀਂ ॥੨੪॥
14331	314	ਸਲੋਕੁ ਮਃ ੪॥		Salok Ma 4 ||	Shalok, Fourth Mehl:	

14332	314	ਇਹੁ ਮਨੂਆ ਦ੍ਰਿੜੁ ਕਰਿ ਰਖੀਐ ਗੁਰਮੁਖਿ ਲਾਈਐ ਚਿਤੁ॥		Eihu Manooaa Dhrirr Kar Rakheeai Guramukh Laaeeai Chith ||	Hold this mind steady and stable; become Gurmukh and focus your consciousness.	(ਜੇ) ਸਤਿਗੁਰੂ ਦੇ ਸਨਮੁਖ ਹੋ ਕੇ ਮਨ (ਪ੍ਰਭੂ ਦੀ ਯਾਦ ਵਿਚ) ਜੋੜੀਏ (ਤੇ) ਇਸ ਮਨ ਨੂੰ ਪੱਕਾ ਕਰ ਕੇ ਰੱਖੀਏ (ਜਿਵੇਂ ਇਹ ਮਾਇਆ ਵਲ ਨਾ ਦੌੜੇ।)
14333	314	ਕਿਉ ਸਾਸਿ ਗਿਰਾਸਿ ਵਿਸਾਰੀਐ ਬਹਦਿਆ ਉਠਦਿਆ ਨਿਤ॥		Kio Saas Giraas Visaareeai Behadhiaa Outhadhiaa Nith ||	How could you ever forget Him, with each breath and morsel of food, sitting down or standing up?	(ਤੇ ਜੇ) ਬਹਿੰਦਿਆਂ ਉਠਦਿਆਂ (ਭਾਵ, ਕਾਰ ਕਿਰਤ ਕਰਦਿਆਂ) ਕਦੇ ਇਕ ਦਮ ਭੀ (ਨਾਮ) ਨਾ ਵਿਸਾਰੀਏ,
14334	314	ਮਰਣ ਜੀਵਣ ਕੀ ਚਿੰਤਾ ਗਈ ਇਹੁ ਜੀਅੜਾ ਹਰਿ ਪ੍ਰਭ ਵਸਿ॥	ਵੱਸਿ	Maran Jeevan Kee Chinthaa Gee Eihu Jeearraa Har Prabh Vas ||	My anxiety about birth and death has ended; this soul is under the control of the Lord God.	(ਤਾਂ) ਇਹ ਜੀਵ ਹਰੀ ਦੇ ਵੱਸ ਵਿਚ (ਆ ਜਾਂਦਾ ਹੈ। ਭਾਵ, ਆਪਣਾ ਆਪਾ ਉਸ ਦੇ ਹਵਾਲੇ ਕਰ ਦੇਂਦਾ ਹੈ, ਤੇ) ਇਸ ਦੀ ਜੰਮਣ ਮਰਨ ਦੀ ਸਾਰੀ ਚਿੰਤਾ ਮਿਟ ਜਾਂਦੀ ਹੈ।
14335	314	ਜਿਉ ਭਾਵੈ ਤਿਉ ਰਖੁ ਤੂ ਜਨ ਨਾਨਕ ਨਾਮੁ ਬਖਸਿ॥੧॥		Jio Bhaavai Thio Rakh Thoo Jan Naanak Naam Bakhas ||1||	If it pleases You, then save servant Nanak, and bless him with Your Name. ||1||	(ਹੇ ਹਰੀ!) ਜਿਵੇਂ ਤੈਨੂੰ ਚੰਗਾ ਲੱਗੇ ਤਿਵੇਂ (ਮੈਨੂੰ) ਦਾਸ ਨਾਨਕ ਨੂੰ ਨਾਮ ਦੀ ਦਾਤਿ ਬਖ਼ਸ਼ (ਕਿਉਂਕਿ ਨਾਮ ਹੀ ਹੈ ਜੋ ਮਨ ਦੀ ਚਿੰਤਾ ਝੋਰੇ ਨੂੰ ਮਿਟਾ ਸਕਦਾ ਹੈ) ॥੧॥
14336	314	ਮਃ ੩॥		Ma 3 ||	Third Mehl:	

14337	314	ਮਨਮੁਖੁ ਅਹੰਕਾਰੀ ਮਹਲੁ ਨ ਜਾਣੈ ਖਿਨੁ ਆਗੈ ਖਿਨੁ ਪੀਛੈ॥		Manamukh Ahankaaree Mehal N Jaanai Khin Aagai Khin Peeshhai ||	The egotistical self-willed manmukh does not know the Mansion of the Lord's Presence; one moment he is here and the next moment he is there.	ਅਹੰਕਾਰ ਵਿਚ ਮੱਤਾ ਹੋਇਆ ਮਨਮੁਖ (ਸਤਿਗੁਰੂ ਦੇ) ਨਿਵਾਸ-ਅਸਥਾਨ (ਭਾਵ, ਸਤਸੰਗ) ਨੂੰ ਨਹੀਂ ਪਛਾਣਦਾ ਹਰ ਵੇਲੇ ਜਕੋ-ਤੱਕਿਆਂ ਵਿਚ ਰਹਿੰਦਾ ਹੈ (ਭਾਵ, ਘੜੀ ਤੋਲਾ ਘੜੀ ਮਾਸਾ)।
14338	314	ਸਦਾ ਬੁਲਾਈਐ ਮਹਲਿ ਨ ਆਵੈ ਕਿਉ ਕਰਿ ਦਰਗਹ ਸੀਝੈ॥	(ਸੀਝੈ) ਮੁਕਤ ਹੋਵੇ	Sadhaa Bulaaeeai Mehal N Aavai Kio Kar Dharageh Seejhai ||	He is always invited, but he does not go to the Mansion of the Lord's Presence. How shall he be accepted in the Court of the Lord?	ਸਦਾ ਸੱਦਦੇ ਰਹੀਏ ਤਾਂ ਭੀ ਉਹ ਸਤਸੰਗ ਵਿਚ ਨਹੀਂ ਆਉਂਦਾ (ਇਸ ਵਾਸਤੇ) ਉਹ ਹਰੀ ਦੀ ਦਰਗਾਹ ਵਿਚ ਭੀ ਕਿਵੇਂ ਸੁਰਖ਼ਰੂ ਹੋਵੇ? (ਭਾਵ, ਨਹੀਂ ਹੋ ਸਕਦਾ)!
14339	314	ਸਤਿਗੁਰ ਕਾ ਮਹਲੁ ਵਿਰਲਾ ਜਾਣੈ ਸਦਾ ਰਹੈ ਕਰ ਜੋੜਿ॥	(ਕਰ) ਹੱਥ	Sathigur Kaa Mehal Viralaa Jaanai Sadhaa Rehai Kar Jorr ||	How rare are those who know the Mansion of the True Guru; they stand with their palms pressed together.	ਸਤਿਗੁਰੂ ਦੇ ਟਿਕਾਣੇ ਦੀ (ਭਾਵ, ਸਤਸੰਗ ਦੀ) ਕਿਸੇ ਉਸ ਵਿਰਲੇ ਨੂੰ ਸਾਰ ਆਉਂਦੀ ਹੈ ਜੋ ਸਦਾ ਹੱਥ ਜੋੜੀ ਰੱਖੇ (ਭਾਵ, ਮਨ ਨੀਵਾਂ ਰੱਖ ਕੇ ਯਾਦ ਵਿਚ ਜੁੜਿਆ ਰਹੇ)।
14340	314	ਆਪਣੀ ਕ੍ਰਿਪਾ ਕਰੇ ਹਰਿ ਮੇਰਾ ਨਾਨਕ ਲਏ ਬਹੋੜਿ॥੨॥	(ਬਹੋੜਿ) ਮੋੜ	Aapanee Kirapaa Karae Har Maeraa Naanak Leae Behorr ||2||	If my Lord grants His Grace, O Nanak, He restores them to Himself. ||2||	ਹੇ ਨਾਨਕ! ਜਿਸ ਤੇ ਪਿਆਰਾ ਪ੍ਰਭੂ ਆਪਣੀ ਮਿਹਰ ਕਰੇ, ਉਸ ਨੂੰ (ਮਨਮੁਖਤਾ ਵਲੋਂ) ਮੋੜ ਲੈਂਦਾ ਹੈ ॥੨॥
14341	314	ਪਉੜੀ॥		Pourree ||	Pauree:	

14342	314	ਸਾ ਸੇਵਾ ਕੀਤੀ ਸਫਲ ਹੈ ਜਿਤੁ ਸਤਿਗੁਰ ਕਾ ਮਨੁ ਮੰਨੇ॥		Saa Saevaa Keethee Safal Hai Jith Sathigur Kaa Man Mannae ||	Fruitful and rewarding is that service, which is pleasing to the Guru's Mind.	ਜਿਸ ਸੇਵਾ ਨਾਲ ਸਤਿਗੁਰੂ ਦਾ ਮਨ (ਸਿੱਖ ਤੇ) ਪਤੀਜ ਜਾਏ, ਉਹੋ ਸੇਵਾ ਕੀਤੀ ਹੋਈ ਲਾਹੇਵੰਦੀ ਹੈ,
14343	314	ਜਾ ਸਤਿਗੁਰ ਕਾ ਮਨੁ ਮੰਨਿਆ ਤਾ ਪਾਪ ਕਸੰਮਲ ਭੰਨੇ॥	(ਭੰਨੇ) ਨਾਸ	Jaa Sathigur Kaa Man Manniaa Thaa Paap Kasanmal Bhannae ||	When the Mind of the True Guru is pleased, then sins and misdeeds run away.	(ਕਿਉਂਕਿ ਜਦੋਂ) ਸਤਿਗੁਰੂ ਦਾ ਮਨ ਪਤੀਜੇ, ਤਦੋਂ ਹੀ ਵਿਕਾਰ ਪਾਪ ਭੀ ਦੂਰ ਹੋ ਜਾਂਦੇ ਹਨ।
14344	314	ਉਪਦੇਸੁ ਜਿ ਦਿਤਾ ਸਤਿਗੁਰੂ ਸੋ ਸੁਣਿਆ ਸਿਖੀ ਕੰਨੇ॥	ਸਿੱਖੀਂ	Oupadhaes J Dhithaa Sathiguroo So Suniaa Sikhee Kannae ||	The Sikhs listen to the Teachings imparted by the True Guru.	(ਪਤੀਜ ਕੇ) ਸਤਿਗੁਰੂ ਜੋ ਉਪਦੇਸ਼ ਸਿੱਖਾਂ ਨੂੰ ਦੇਂਦਾ ਹੈ ਉਹ ਗਹੁ ਨਾਲ ਉਸ ਨੂੰ ਸੁਣਦੇ ਹਨ।
14345	314	ਜਿਨ ਸਤਿਗੁਰ ਕਾ ਭਾਣਾ ਮੰਨਿਆ ਤਿਨ ਚੜੀ ਚਵਗਣਿ ਵੰਨੇ॥	(ਵੰਨੇ) ਰੰਗ। ਚੜ੍ਹੀ। ਚ-ਵੱਗਣਿ	Jin Sathigur Kaa Bhaanaa Manniaa Thin Charree Chavagan Vannae ||	Those who surrender to the True Guru's Will are imbued with the four-fold Love of the Lord.	(ਫੇਰ) ਜੋ ਸਿੱਖ ਸਤਿਗੁਰੂ ਦੇ ਭਾਣੇ ਤੇ ਸਿਦਕ ਲਿਆਉਂਦੇ ਹਨ, ਉਹਨਾਂ ਨੂੰ (ਅੱਗੇ ਨਾਲੋਂ) ਚੌਣੀ ਰੰਗਣ ਚੜ੍ਹ ਜਾਂਦੀ ਹੈ।

14346	314	ਇਹ ਚਾਲ ਨਿਰਾਲੀ ਗੁਰਮੁਖੀ ਗੁਰ ਦੀਖਿਆ ਸੁਣਿ ਮਨੁ ਭਿੰਨੇ॥੨੫॥		Eih Chaal Niraalee Guramukhee Gur Dheekhiaa Sun Man Bhinnae ||25||	This is the unique and distinct life-style of the Gurmukhs: listening to the Guru's Teachings, their minds blossom forth. ||25||	'ਸਤਿਗੁਰੂ ਦੀ ਹੀ ਸਿੱਖਿਆ ਸੁਣ ਕੇ ਮਨ (ਹਰੀ ਦੇ ਪਿਆਰ ਵਿਚ) ਭਿੱਜਦਾ ਹੈ'-ਸਤਿਗੁਰੂ ਦੇ ਸਨਮੁਖ ਰਹਿਣ ਵਾਲਾ ਇਹ ਰਸਤਾ (ਸੰਸਾਰ ਦੇ ਹੋਰ ਮਤਾਂ ਨਾਲੋਂ) ਨਿਰਾਲਾ ਹੈ ॥੨੫॥
14347	314	ਸਲੋਕੁ ਮਃ ੩॥	(ਗੋਪਿਆ)ਛਪਾਇਆ	Salok Ma 3 ||	Shalok, Third Mehl:	
14348	314	ਜਿਨਿ ਗੁਰੁ ਗੋਪਿਆ ਆਪਣਾ ਤਿਸੁ ਠਉਰ ਨ ਠਾਉ॥		Jin Gur Gopiaa Aapanaa This Thour N Thaao ||	Those who do not affirm their Guru shall have no home or place of rest.	ਜਿਸ ਮਨੁੱਖ ਨੇ ਆਪਣੇ ਸਤਿਗੁਰੂ ਦੀ ਨਿੰਦਾ ਕੀਤੀ ਹੈ, ਉਸ ਨੂੰ ਨਾ ਥਾਂ ਨਾਹ ਖਿੱਤਾ।
14349	314	ਹਲਤੁ ਪਲਤੁ ਦੋਵੈ ਗਏ ਦਰਗਹ ਨਾਹੀ ਥਾਉ॥		Halath Palath Dhovai Geae Dharageh Naahee Thhaao ||	They lose both this world and the next; they have no place in the Court of the Lord.	ਉਸ ਦਾ ਇਹ ਲੋਕ ਤੇ ਪਰਲੋਕ ਦੋਵੇਂ ਗਵਾਚ ਜਾਂਦੇ ਹਨ, ਹਰੀ ਦੀ ਦਰਗਾਹ ਵਿਚ (ਭੀ) ਥਾਂ ਨਹੀਂ ਸੂ ਮਿਲਦੀ।
14350	314	ਓਹ ਵੇਲਾ ਹਥਿ ਨ ਆਵਈ ਫਿਰਿ ਸਤਿਗੁਰ ਲਗਹਿ ਪਾਇ॥		Ouh Vaelaa Hathh N Aavee Fir Sathigur Lagehi Paae ||	This opportunity to bow at the Feet of the True Guru shall never come again.	(ਅਜਿਹੇ ਬੰਦਿਆਂ ਨੂੰ) ਫੇਰ ਉਹ ਮੌਕਾ ਨਹੀਂ ਮਿਲਦਾ ਕਿ ਸਤਿਗੁਰੂ ਦੀ ਚਰਨੀਂ ਲੱਗ ਸਕਣ,

14351	314	ਸਤਿਗੁਰ ਕੀ ਗਣਤੈ ਘੁਸੀਐ ਦੁਖੇ ਦੁਖਿ ਵਿਹਾਇ॥	ਘੁੱਸੀਐ	Sathigur Kee Ganathai Ghuseeai Dhukhae Dhukh Vihaae ||	If they miss out on being counted by the True Guru, they shall pass their lives in pain and misery.	(ਕਿਉਂਕਿ) ਸਤਿਗੁਰੂ ਦੀ ਨਿੰਦਾ ਕਰਨ ਵਿਚ (ਇਕ ਵਾਰੀ ਜੇ) ਖੁੰਝ ਜਾਈਏ ਤਾਂ ਨਿਰੋਲ ਦੁੱਖਾਂ ਵਿਚ ਹੀ ਉਮਰ ਬੀਤਦੀ ਹੈ।
14352	314	ਸਤਿਗੁਰੁ ਪੁਰਖੁ ਨਿਰਵੈਰੁ ਹੈ ਆਪੇ ਲਏ ਜਿਸੁ ਲਾਇ॥		Sathigur Purakh Niravair Hai Aapae Leae Jis Laae ||	The True Guru, the Primal Being, has no hatred or vengeance; He unites with Himself those with whom He is pleased.	(ਪਰ) ਮਰਦ (ਭਾਵ, ਸੂਰਮਾ) ਸਤਿਗੁਰੂ (ਅਜਿਹਾ) ਨਿਰਵੈਰ ਹੈ ਕਿ ਉਸ (ਨਿੰਦਕ) ਨੂੰ ਭੀ ਆਪੇ (ਭਾਵ, ਆਪਣੇ ਆਪ ਮਿਹਰ ਕਰ ਕੇ ਚਰਨੀਂ) ਲਾ ਲੈਂਦਾ ਹੈ,
14353	314	ਨਾਨਕ ਦਰਸਨੁ ਜਿਨਾ ਵੇਖਾਲਿਓਨੁ ਤਿਨਾ ਦਰਗਹ ਲਏ ਛਡਾਇ॥੧॥		Naanak Dharasan Jinaa Vaekhaalioun Thinaa Dharageh Leae Shhaddaae ||1||	O Nanak, those who behold the Blessed Vision of His Darshan, are emancipated in the Court of the Lord. ||1||	ਤੇ ਹੇ ਨਾਨਕ! ਜਿਨ੍ਹਾਂ ਨੂੰ ਹਰੀ, ਗੁਰੂ ਦਾ ਦਰਸ਼ਨ ਕਰਾਉਂਦਾ ਹੈ, ਉਹਨਾਂ ਨੂੰ ਦਰਗਾਹ ਵਿਚ ਛੁਡਾ ਲੈਂਦਾ ਹੈ ॥੧॥
14354	314	ਮਃ ੩॥		Ma 3 ||	Third Mehl:	
14355	314	ਮਨਮੁਖੁ ਅਗਿਆਨੁ ਦੁਰਮਤਿ ਅਹੰਕਾਰੀ॥		Manamukh Agiaan Dhuramath Ahankaaree ||	The self-willed manmukh is ignorant, evil-minded and egotistical.	ਮਨਮੁਖ ਵਿਚਾਰ-ਹੀਣ, ਖੋਟੀ ਬੁਧਿ ਵਾਲਾ ਤੇ ਅਹੰਕਾਰੀ ਹੁੰਦਾ ਹੈ,

14356	314	ਅੰਤਰਿ ਕ੍ਰੋਧੁ ਜੂਐ ਮਤਿ ਹਾਰੀ॥		Anthar Krodhh Jooai Math Haaree ||	He is filled with anger within, and he loses his mind in the gamble.	ਉਸ ਦੇ ਮਨ ਵਿਚ ਕ੍ਰੋਧ ਹੈ ਤੇ ਉਹ (ਵਿਸ਼ਿਆਂ ਦੇ) ਜੂਏ ਵਿਚ ਅਕਲ ਗਵਾ ਲੈਂਦਾ ਹੈ।
14357	314	ਕੂੜੁ ਕੁਸਤੁ ਓਹੁ ਪਾਪ ਕਮਾਵੈ॥	ਕੁਸੱਤੁ	Koorr Kusath Ouhu Paap Kamaavai ||	He commits the sins of fraud and unrighteousness.	ਉਹ (ਸਦਾ) ਝੂਠ, ਫ਼ਰੇਬ ਤੇ ਪਾਪ ਦੇ ਕੰਮ ਕਰਦਾ ਹੈ।
14358	314	ਕਿਆ ਓਹੁ ਸੁਣੈ ਕਿਆ ਆਖਿ ਸੁਣਾਵੈ॥		Kiaa Ouhu Sunai Kiaa Aakh Sunaavai ||	What can he hear, and what can he tell others?	(ਇਸ ਵਾਸਤੇ) ਉਹ ਸੁਣੇ ਕੀਹ ਤੇ (ਕਿਸੇ ਨੂੰ) ਆਖ ਕੇ ਸੁਣਾਵੇ ਕੀਹ? (ਭਾਵ, ਕੂੜ-ਕੁਸੱਤ ਦੇ ਕੰਮ ਕਰਨ ਨਾਲ ਉਸ ਦਾ ਮਨ ਤਾਂ ਪਾਪੀ ਹੋਇਆ ਪਿਆ ਹੈ, ਨਾਹ ਉਹ ਪ੍ਰਭੂ ਦੀ ਬੰਦਗੀ ਦੀ ਗੱਲ ਸੁਣਦਾ ਹੈ ਤੇ ਨਾ ਕਿਸੇ ਨੂੰ ਸੁਣਾਂਦਾ ਹੈ)।
14359	314	ਅੰਨ੍ਹਾ ਬੋਲਾ ਖੁਇ ਉਝੜਿ ਪਾਇ॥	(ਖੁਇ) ਖੁੰਝ ਕੇ। ਬੋਲ਼ਾ, ਉੱਝੜਿ	Annaa Bolaa Khue Oujharr Paae ||	He is blind and deaf; he loses his way, and wanders lost in the wilderness.	(ਸਤਿਗੁਰੂ ਦੇ ਦਰਸ਼ਨ ਵਲੋਂ) ਅੰਨ੍ਹਾ (ਤੇ ਉਪਦੇਸ਼ ਵਲੋਂ) ਬੋਲਾ ਖੁੰਝ ਕੇ-
14360	314	ਮਨਮੁਖੁ ਅੰਧਾ ਆਵੈ ਜਾਇ॥		Manamukh Andhhaa Aavai Jaae ||	The blind, self-willed manmukh comes and goes in reincarnation;	ਅੰਨ੍ਹਾ ਮਨਮੁਖ ਕੁਰਾਹੇ ਪਿਆ ਹੋਇਆ ਹੈ ਤੇ ਨਿੱਤ ਜੰਮਦਾ ਮਰਦਾ ਹੈ।
14361	314	ਬਿਨੁ ਸਤਿਗੁਰ ਭੇਟੇ ਥਾਇ ਨ ਪਾਇ॥		Bin Sathigur Bhaettae Thhaae N Paae ||	Without meeting the True Guru, he finds no place of rest.	ਸਤਿਗੁਰੂ ਨੂੰ ਮਿਲਣ ਤੋਂ ਬਿਨਾ (ਦਰਗਾਹ ਵਿਚ) ਕਬੂਲ ਨਹੀਂ ਪੈਂਦਾ,

14362	314	ਨਾਨਕ ਪੂਰਬਿ ਲਿਖਿਆ ਕਮਾਇ॥੨॥		Naanak Poorab Likhiaa Kamaae ||2||	O Nanak, he acts according to his pre-ordained destiny. ||2||	(ਕਿਉਂਕਿ) ਹੇ ਨਾਨਕ! ਮੁਢ ਤੋਂ (ਕੀਤੇ ਮੰਦੇ ਕਰਮਾਂ ਦੇ ਅਨੁਸਾਰ ਜੋ ਸੰਸਕਾਰ ਉਸ ਦੇ ਮਨ ਵਿਚ) ਲਿਖੇ ਗਏ ਹਨ (ਉਹਨਾਂ ਦੇ ਅਨੁਸਾਰ ਹੁਣ ਭੀ ਮੰਦੇ ਕੰਮ ਹੀ) ਕਰੀ ਜਾਂਦਾ ਹੈ ॥੨॥
14363	314	ਪਉੜੀ॥		Pourree ||	Pauree:	
14364	314	ਜਿਨ ਕੇ ਚਿਤ ਕਠੋਰ ਹਹਿ ਸੇ ਬਹਹਿ ਨ ਸਤਿਗੁਰ ਪਾਸਿ॥	(ਕਠੋਰ) ਕਰੜੇ ਨਿਰਦਈ। ਹਹਿ, ਬਹਹਿ	Jin Kae Chith Kathor Hehi Sae Behehi N Sathigur Paas ||	Those who have hearts as hard as stone, do not sit near the True Guru.	ਜਿਨ੍ਹਾਂ ਮਨੁੱਖਾਂ ਦੇ ਮਨ ਕਰੜੇ (ਭਾਵ, ਨਿਰਦਈ) ਹੁੰਦੇ ਹਨ, ਉਹ ਸਤਿਗੁਰੂ ਦੇ ਕੋਲ ਨਹੀਂ ਬਹਿ ਸਕਦੇ।
14365	314	ਓਥੈ ਸਚੁ ਵਰਤਦਾ ਕੂੜਿਆਰਾ ਚਿਤ ਉਦਾਸਿ॥		Outhhai Sach Varathadhaa Koorriaaraa Chith Oudhaas ||	Truth prevails there; the false ones do not attune their consciousness to it.	ਓਥੇ (ਸਤਿਗੁਰੂ ਦੀ ਸੰਗਤ ਵਿਚ ਤਾਂ) ਸੱਚ ਦੀਆਂ ਗੱਲਾਂ ਹੁੰਦੀਆਂ ਹਨ, ਕੂੜ ਦੇ ਵਪਾਰੀਆਂ ਦੇ ਮਨ ਨੂੰ ਉਦਾਸੀ ਲੱਗੀ ਰਹਿੰਦੀ ਹੈ।
14366	314	ਓਇ ਵਲੁ ਛਲੁ ਕਰਿ ਝਤਿ ਕਢਦੇ ਫਿਰਿ ਜਾਇ ਬਹਹਿ ਕੂੜਿਆਰਾ ਪਾਸਿ॥	(ਝਤਿ) ਸਮਾਂ	Oue Val Shhal Kar Jhath Kadtadhae Fir Jaae Behehi Koorriaaraa Paas ||	By hook or by crook, they pass their time, and then they go back to sit with the false ones again.	(ਸਤਿਗੁਰੂ ਦੀ ਸੰਗਤ ਵਿਚ) ਓਹ ਵਲ-ਫ਼ਰੇਬ ਕਰ ਕੇ ਸਮਾਂ ਲੰਘਾਉਂਦੇ ਹਨ, (ਉਥੋਂ ਉਠ ਕੇ) ਫੇਰ ਝੂਠਿਆਂ ਪਾਸ ਹੀ ਜਾ ਬਹਿੰਦੇ ਹਨ।

14367	314	ਵਿਚਿ ਸਚੇ ਕੂੜੁ ਨ ਗਡਈ ਮਨਿ ਵੇਖਹੁ ਕੋ ਨਿਰਜਾਸਿ॥	(ਨਿਰਜਾਸਿ) ਨਿਰਨਾ। ਗੱਡੱਈ	Vich Sachae Koorr N Gaddee Man Vaekhahu Ko Nirajaas ||	Falsehood does not mix with the Truth; O people, check it out and see.	ਕੋਈ ਧਿਰ ਮਨ ਵਿਚ ਨਿਰਨਾ ਕਰ ਕੇ ਵੇਖ ਲਵੋ, ਸੱਚੇ (ਮਨੁੱਖ ਦੇ ਹਿਰਦੇ ਵਿਚ) ਝੂਠ ਨਹੀਂ ਰਲ ਸਕਦਾ (ਭਾਵ, ਆਪਣਾ ਡੂੰਘਾ ਪ੍ਰਭਾਵ ਨਹੀਂ ਪਾ ਸਕਦਾ)।
14368	314	ਕੂੜਿਆਰ ਕੂੜਿਆਰੀ ਜਾਇ ਰਲੇ ਸਚਿਆਰ ਸਿਖ ਬੈਠੇ ਸਤਿਗੁਰ ਪਾਸਿ॥੨੬॥		Koorriaar Koorriaaree Jaae Ralae Sachiaar Sikh Baithae Sathigur Paas ||26||	The false go and mingle with the false, while the truthful Sikhs sit by the side of the True Guru. ||26||	ਝੂਠੇ ਝੂਠਿਆਂ ਵਿਚ ਹੀ ਜਾ ਰਲਦੇ ਹਨ ਤੇ ਸੱਚੇ ਸਿੱਖ ਸਤਿਗੁਰੂ ਕੋਲ ਹੀ ਜਾ ਬੈਠਦੇ ਹਨ ॥੨੬॥
14369	315	ਸਲੋਕ ਮਃ ੫॥		Salok Ma 5 ||	Shalok, Fifth Mehl:	
14370	315	ਰਹਦੇ ਖੁਹਦੇ ਨਿੰਦਕ ਮਾਰਿਅਨੁ ਕਰਿ ਆਪੇ ਆਹਰੁ॥	(ਆਹਰੁ) ਉੱਦਮ	Rehadhae Khuhadhae Nindhak Maarian Kar Aapae Aahar ||	By their own efforts, the slanderers have destroyed all remnants of themselves.	(ਜਨਮ ਜਨਮਾਂਤਰਾਂ ਤੋ ਪਾਪ ਕਰ ਕੇ ਨਿੰਦਕ ਮਨੁੱਖ ਬਹੁਤਾ ਕੁਝ ਤਾਂ ਅੱਗੇ ਹੀ ਨਾਮ ਵਲੋਂ ਮਰ ਚੁਕਦੇ ਹਨ) ਬਾਕੀ ਜੋ ਥੋੜੇ ਬਹੁਤ (ਭਲੇ ਸੰਸਕਾਰ ਰਹਿ ਜਾਂਦੇ ਹਨ) ਉਹਨਾਂ ਨੂੰ ਪ੍ਰਭੂ ਨੇ ਆਪ ਉੱਦਮ ਕਰ ਕੇ (ਭਾਵ, ਨਿੰਦਕਾਂ ਨੂੰ ਨਿੰਦਾ ਵਾਲੇ ਪਾਸੇ ਲਾ ਕੇ ਮੁਕਾ ਦਿੱਤਾ)

14371	315	ਸੰਤ ਸਹਾਈ ਨਾਨਕਾ ਵਰਤੈ ਸਭ ਜਾਹਰੁ॥੧॥	(ਜਾਹਰੁ) ਪ੍ਰਗਟ	Santh Sehaaee Naanakaa Varathai Sabh Jaahar ||1||	The Support of the Saints, O Nanak, is manifest, pervading everywhere. ||1||	ਤੇ, ਹੇ ਨਾਨਕ! ਸੰਤ ਜਨਾਂ ਦਾ ਰਾਖਾ ਹਰੀ ਸਭ ਥਾਈਂ ਪਰਗਟ ਖੇਲ ਕਰ ਰਿਹਾ ਹੈ ॥੧॥
14372	315	ਮਃ ੫॥		Ma 5 ||	Fifth Mehl:	
14373	315	ਮੁੰਢਹੁ ਭੁਲੇ ਮੁੰਢ ਤੇ ਕਿਥੈ ਪਾਇਨਿ ਹਥੁ॥	(ਮੁੰਢਹੁ) ਮੁੱਢ ਤੋਂ। (ਮੁੰਢ) ਆਦਿ ਸਰੂਪ ਪ੍ਰਮਾਤਮਾ ਜੀ। ਭੁੱਲੇ	Mundtahu Bhulae Mundt Thae Kithhai Paaein Hathh ||	Those who went astray from the Primal Being in the very beginning - where can they find refuge?	ਜੋ ਮਨੁੱਖ ਪਹਿਲੋਂ ਤੋਂ ਹੀ ਪ੍ਰਭੂ ਵਲੋਂ ਖੁੰਝੇ ਹੋਏ ਹਨ, ਉਹ ਹੋਰ ਕਿਹੜਾ ਆਸਰਾ ਲੈਣ?
14374	315	ਤਿਨੈ ਮਾਰੇ ਨਾਨਕਾ ਜਿ ਕਰਣ ਕਾਰਣ ਸਮਰਥੁ॥੨॥	ਸਮਰੱਥੁ	Thinnai Maarae Naanakaa J Karan Kaaran Samarathh ||2||	O Nanak, they are struck down by the All-powerful, the Cause of causes. ||2||	(ਕਿਉਂਕਿ) ਹੇ ਨਾਨਕ! ਇਹ ਉਸ ਪ੍ਰਭੂ ਨੇ ਆਪ ਮਾਰੇ ਹੋਏ ਹਨ, ਜੋ ਸਾਰੀ ਸ੍ਰਿਸ਼ਟੀ ਨੂੰ ਰਚਨ ਦੇ ਸਮਰੱਥ ਹੈ ॥੨॥
14375	315	ਪਉੜੀ ੫॥	ਪਉੜੀ ਪੰਜਵੀਂ ਨਹੀਂ ਪੜ੍ਨਾ। ਸਭ ਥਾਂ ਪਉੜੀ ਪੰਜਵਾਂ ਪੜ੍ਨਾ, ਪਉੜੀਆਂ ਵਾਹਿਗੁਰੂ ਪੰਜਵੇਂ ਪਾਤਿਸਾਹ ਜੀ ਦੀਆਂ ਹਨ।	Pourree 5 ||	Pauree, Fifth Mehl:	

14376	315	ਲੈ ਫਾਹੇ ਰਾਤੀ ਤੁਰਹਿ ਪ੍ਰਭੁ ਜਾਣੈ ਪ੍ਰਾਣੀ॥	ਤੁਰਹਿ	Lai Faahae Raathee Thurehi Prabh Jaanai Praanee ||	They take the noose in their hands, and go out at night to strangle others, but God knows everything, O mortal.	ਮਨੁੱਖ ਰਾਤ ਨੂੰ ਫਾਹੇ ਲੈ ਕੇ (ਪਰਾਏ ਘਰਾਂ ਨੂੰ ਲੁੱਟਣ ਲਈ) ਤੁਰਦੇ ਹਨ (ਪਰ) ਪ੍ਰਭੂ ਉਹਨਾਂ ਨੂੰ ਜਾਣਦਾ ਹੈ।
14377	315	ਤਕਹਿ ਨਾਰਿ ਪਰਾਈਆ ਲੁਕਿ ਅੰਦਰਿ ਠਾਣੀ॥	(ਠਾਣੀ) ਥਾਂ। ਤੱਕ-ਹਿ, ਲੁਕਿ: ਪੋਲਾ ਬੋਲੋ	Thakehi Naar Paraaeeaa Luk Andhar Thaanee ||	They spy on other men's women, concealed in their hiding places.	ਅੰਦਰਲੇ ਥਾਈਂ ਲੁਕ ਕੇ ਪਰਾਈਆਂ ਇਸਤ੍ਰੀਆਂ ਵਲ ਤੱਕਦੇ ਹਨ,
14378	315	ਸੰਨ੍ਹੀ ਦੇਨਿ ਵਿਖੰਮ ਥਾਇ ਮਿਠਾ ਮਦੁ ਮਾਣੀ॥	(ਸੰਨ੍ਹੀ)ਸੰਨ੍ਹ। (ਵਿਖੰਮ) ਔਖੀਆਂ ਥਾਵਾਂ। ਮਦੁ:ਪੋਲਾ ਬੋਲੋ।(ਮਦੁ) ਸ਼ਰਾਬ ਪੀਂਦੇ ਹਨ। ਮਿੱਠਾ	Sannhee Dhaenih Vikhanm Thhaae Mithaa Madh Maanee ||	They break into well-protected places, and revel in sweet wine.	ਔਖੇ ਥਾਈਂ ਸੰਨ੍ਹ ਲਾਉਂਦੇ ਹਨ ਤੇ ਸ਼ਰਾਬ ਨੂੰ ਮਿੱਠਾ ਕਰ ਕੇ ਮਾਣਦੇ ਹਨ।
14379	315	ਕਰਮੀ ਆਪੋ ਆਪਣੀ ਆਪੇ ਪਛੁਤਾਣੀ॥		Karamee Aapo Aapanee Aapae Pashhuthaanee ||	But they shall come to regret their actions - they create their own karma.	(ਅੰਤ ਨੂੰ) ਆਪੋ ਆਪਣੇ ਕੀਤੇ ਕਰਮਾਂ ਅਨੁਸਾਰ ਆਪ ਹੀ ਪਛਤਾਉਂਦੇ ਹਨ,
14380	315	ਅਜਰਾਈਲੁ ਫਰੇਸਤਾ ਤਿਲ ਪੀੜੇ ਘਾਣੀ॥੨੭॥	(ਅਜਰਾ-ਈਲੁ ਫਰੇਸਤਾ) ਜਮਰਾਜ	Ajaraaeel Faraesathaa Thil Peerrae Ghaanee ||27||	Azraa-eel, the Angel of Death, shall crush them like sesame seeds in the oil-press. ||27||	(ਕਿਉਂਕਿ) ਮੌਤ ਦਾ ਫ਼ਰਿਸ਼ਤਾ ਮਾੜੇ ਕੰਮ ਕਰਨ ਵਾਲਿਆਂ ਨੂੰ ਇਉਂ ਪੀੜਦਾ ਹੈ ਜਿਵੇਂ ਘਾਣੀ ਵਿਚ ਤਿਲ ॥੨੭॥
14381	315	ਸਲੋਕ ਮਃ ੫॥		Salok Ma 5 ||	Shalok, Fifth Mehl:	

14382	315	ਸੇਵਕ ਸਚੇ ਸਾਹ ਕੇ ਸੇਈ ਪਰਵਾਣੁ॥		Saevak Sachae Saah Kae Saeee Paravaan ||	The servants of the True King are acceptable and approved.	ਜੋ ਮਨੁੱਖ ਸੱਚੇ ਸ਼ਾਹ (ਪ੍ਰਭੂ) ਦੇ ਸੇਵਕ ਹਨ ਉਹੋ ਹੀ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਪੈਂਦੇ ਹਨ।
14383	315	ਦੂਜਾ ਸੇਵਨਿ ਨਾਨਕਾ ਸੇ ਪਚਿ ਪਚਿ ਮੁਏ ਅਜਾਣ॥੧॥		Dhoojaa Saevan Naanakaa Sae Pach Pach Mueae Ajaan ||1||	Those ignorant ones who serve duality, O Nanak, rot, waste away and die. ||1||	ਹੇ ਨਾਨਕ! ਜੋ (ਉਸ ਸੱਚੇ ਸ਼ਾਹ ਨੂੰ ਛੱਡ ਕੇ) ਦੂਜੇ ਦੀ ਸੇਵਾ ਕਰਦੇ ਹਨ, ਉਹ ਮੂਰਖ ਖਪ ਖਪ ਕੇ ਮਰਦੇ ਹਨ ॥੧॥
14384	315	ਮਃ ੫॥		Ma 5 ||	Fifth Mehl:	
14385	315	ਜੋ ਧੁਰਿ ਲਿਖਿਆ ਲੇਖੁ ਪ੍ਰਭ ਮੇਟਣਾ ਨ ਜਾਇ॥		Jo Dhhur Likhiaa Laekh Prabh Maettanaa N Jaae ||	That destiny which was pre-ordained by God from the very beginning cannot be erased.	ਹੇ ਪ੍ਰਭੂ! ਮੁਢ ਤੋਂ (ਕੀਤੇ ਕੰਮਾਂ ਦੇ ਅਨੁਸਾਰ) ਜੋ (ਸੰਸਕਾਰ-ਰੂਪ) ਲੇਖ (ਹਿਰਦੇ ਵਿਚ) ਉੱਕਰਿਆ ਗਿਆ ਹੈ, ਉਹ ਮਿਟਾਇਆ ਨਹੀਂ ਜਾ ਸਕਦਾ।
14386	315	ਰਾਮ ਨਾਮੁ ਧਨੁ ਵਖਰੋ ਨਾਨਕ ਸਦਾ ਧਿਆਇ॥੨॥	ਵੱਖਰੋ	Raam Naam Dhhan Vakharo Naanak Sadhaa Dhhiaae ||2||	The wealth of the Lord's Name is Nanak's capital; he meditates on it forever. ||2||	(ਪਰ ਹਾਂ) ਹੇ ਨਾਨਕ! ਪ੍ਰਭੂ ਦਾ ਨਾਮ-ਧਨ ਤੇ ਸੌਦਾ (ਇਕੱਠਾ ਕਰੋ), ਨਾਮ ਸਦਾ ਸਿਮਰੋ (ਇਸ ਤਰ੍ਹਾਂ ਪਿਛਲਾ ਲੇਖ ਮਿਟ ਸਕਦਾ ਹੈ) ॥੨॥
14387	315	ਪਉੜੀ ੫॥	ਸਭ ਥਾਂ ਪਉੜੀ ਪੰਜਵਾਂ ਪੜ੍ਹਨਾ।	Pourree 5 ||	Pauree, Fifth Mehl:	

14388	315	ਨਾਰਾਇਣਿ ਲਇਆ ਨਾਠੂੰਗੜਾ ਪੈਰ ਕਿਥੈ ਰਖੈ॥	(ਨਾਠੂੰਗੜਾ) ਨਰੈਣ ਤੋਂ ਭਗੌੜਾ	Naaraaein Laeiaa Naathoongarraa Pair Kithhai Rakhai ||	One who has received a kick from the Lord God - where can he place his foot?	ਜਿਸ ਮਨੁੱਖ ਨੂੰ ਰੱਬ ਵਲੋਂ ਹੀ ਠੇਡਾ ਵੱਜੇ, ਉਹ (ਜ਼ਿੰਦਗੀ ਦੇ ਸਹੀ ਰਾਹ ਤੇ) ਟਿਕ ਨਹੀਂ ਸਕਦਾ।
14389	315	ਕਰਦਾ ਪਾਪ ਅਮਿਤਿਆ ਨਿਤ ਵਿਸੋ ਚਖੈ॥	(ਅ-ਮਿਤਿਆ) ਬੇਅੰਤ। ਵਿਸੋ:ਪੋਲਾ ਬੋਲੋ। (ਵਿਸੋ) ਜ਼ਹਰ। ਚੱਖੈ	Karadhaa Paap Amithiaa Nith Viso Chakhai ||	He commits countless sins, and continually eats poison.	ਉਹ ਬੇਅੰਤ ਪਾਪ ਕਰਦਾ ਰਹਿੰਦਾ ਹੈ, ਸਦਾ (ਵਿਕਾਰਾਂ ਦੀ) ਵਿਹੁ ਹੀ ਚੱਖਦਾ ਹੈ (ਭਾਵ, ਉਸ ਨੂੰ ਵਿਕਾਰਾਂ ਦਾ ਚਸਕਾ ਪਿਆ ਰਹਿੰਦਾ ਹੈ)।
14390	315	ਨਿੰਦਾ ਕਰਦਾ ਪਚਿ ਮੁਆ ਵਿਚਿ ਦੇਹੀ ਭਖੈ॥	ਗਿੱਲਿਆਂ ਗੋਹਿਆਂ ਵਾਂਗ (ਭਖੈ) ਭਖ ਰਿਹਾ ਹੈ। ਭਖੈ: ਪੋਲਾ ਬੋਲੋ	Nindhaa Karadhaa Pach Muaa Vich Dhaehee Bhakhai ||	Slandering others, he wastes away and dies; within his body, he burns.	ਦੂਜਿਆਂ ਦੇ ਐਬ ਢੂੰਢ ਢੂੰਢ ਕੇ ਖ਼ੁਆਰ ਹੁੰਦਾ ਹੈ ਤੇ ਆਪਣੇ ਆਪ ਵਿਚ ਸੜਦਾ ਹੈ।
14391	315	ਸਚੈ ਸਾਹਿਬ ਮਾਰਿਆ ਕਉਣੁ ਤਿਸ ਨੋ ਰਖੈ॥		Sachai Saahib Maariaa Koun This No Rakhai ||	One who has been struck down by the True Lord and Master - who can save him now?	ਉਹ (ਸਮਝੋ) ਸੱਚੇ ਪਰਮਾਤਮਾ ਵਲੋਂ ਮਾਰਿਆ ਹੋਇਆ ਹੈ, ਕੋਈ ਉਸ ਦੀ ਸਹਾਇਤਾ ਨਹੀਂ ਕਰ ਸਕਦਾ।
14392	315	ਨਾਨਕ ਤਿਸੁ ਸਰਣਾਗਤੀ ਜੋ ਪੁਰਖੁ ਅਲਖੈ॥੨੮॥	ਸਰਣਾ-ਗਤੀ। ਅ-ਲਖੈ: ਪੋਲਾ ਬੋਲੋ	Naanak This Saranaagathee Jo Purakh Alakhai ||28||	Nanak has entered the Sanctuary of the Unseen Lord, the Primal Being. ||28||	ਹੇ ਨਾਨਕ! (ਇਸ ਵਿਹੁ ਤੋਂ ਬਚਣ ਲਈ) ਉਸ ਅਕਾਲ ਪੁਰਖ ਦੀ ਸ਼ਰਨ ਪਉ ਜੋ ਅਲੱਖ ਹੈ ॥੨੮॥
14393	315	ਸਲੋਕ ਮਃ ੫॥	ਅ-ਕਿਰਤਘਣਾ	Salok Ma 5 ||	Shalok, Fifth Mehl:	

14394	315	ਨਰਕ ਘੋਰ ਬਹੁ ਦੁਖ ਘਣੇ ਅਕਿਰਤਘਣਾ ਕਾ ਥਾਨੁ॥		Narak Ghor Bahu Dhukh Ghanae Akirathaghanaa Kaa Thhaan ||	In the most horrible hell, there is terrible pain and suffering. It is the place of the ungrateful.	ਅਕਿਰਤਘਣ ਮਨੁੱਖ ਉਸ ਪ੍ਰਭੂ ਵਲੋਂ ਮਾਰੇ ਹੋਏ ਹੁੰਦੇ ਹਨ, ਬਹੁਤ ਭਾਰੇ ਦੁੱਖ-ਰੂਪ ਘੋਰ ਨਰਕ ਉਹਨਾਂ ਦਾ ਟਿਕਾਣਾ ਹੈ।
14395	315	ਤਿਨਿ ਪ੍ਰਭਿ ਮਾਰੇ ਨਾਨਕਾ ਹੋਇ ਹੋਇ ਮੁਏ ਹਰਾਮੁ॥੧॥		Thin Prabh Maarae Naanakaa Hoe Hoe Mueae Haraam ||1||	They are struck down by God, O Nanak, and they die a most miserable death. ||1||	ਹੇ ਨਾਨਕ! (ਇਹਨਾਂ ਦੁੱਖਾਂ ਵਿਚ) ਪ੍ਰਭੂ ਦੁਆਰਾ ਆਤਮਿਕ ਮੌਤੇ ਮਾਰੇ ਹੋਏ ਉਹ ਖ਼ੁਆਰ ਹੋ ਹੋ ਕੇ ਮਰਦੇ ਹਨ ॥੧॥
14396	315	ਮਃ ੫॥		Ma 5 ||	Fifth Mehl:	
14397	315	ਅਵਖਧ ਸਭੇ ਕੀਤਿਅਨੁ ਨਿੰਦਕ ਕਾ ਦਾਰੂ ਨਾਹਿ॥	ਅਵ-ਖਧ:ਪੋਲਾ ਬੋਲੋ। (ਅਵਖਧ) ਦਾਰੂ	Avakhadhh Sabhae Keethian Nindhak Kaa Dhaaroo Naahi ||	All kinds of medicines may be prepared, but there is no cure for the slanderer.	ਸਾਰੇ ਰੋਗਾਂ ਦੇ ਦਾਰੂ ਉਸ ਪ੍ਰਭੂ ਨੇ ਬਣਾਏ ਹਨ (ਭਾਵ, ਹੋ ਸਕਦੇ ਹਨ), ਪਰ ਨਿੰਦਕਾਂ (ਦੇ ਨਿੰਦਾ-ਰੋਗ ਦਾ) ਕੋਈ ਇਲਾਜ ਨਹੀਂ।
14398	315	ਆਪਿ ਭੁਲਾਏ ਨਾਨਕਾ ਪਚਿ ਪਚਿ ਜੋਨੀ ਪਾਹਿ॥੨॥		Aap Bhulaaeae Naanakaa Pach Pach Jonee Paahi ||2||	Those whom the Lord Himself misleads, O Nanak, putrefy and rot in reincarnation. ||2||	ਹੇ ਨਾਨਕ! ਪ੍ਰਭੂ ਨੇ ਆਪ ਉਹ ਭੁਲੇਖੇ ਵਿਚ ਪਾਏ ਹੋਏ ਹਨ (ਇਸ ਆਪਣੇ ਕੀਤੇ ਦੇ ਅਨੁਸਾਰ) ਨਿੰਦਕ ਖਪ ਖਪ ਕੇ ਜੂਨੀਆਂ ਵਿਚ ਪੈਂਦੇ ਹਨ ॥੨॥
14399	315	ਪਉੜੀ ੫॥		Pourree 5 ||	Pauree, Fifth Mehl:	

14400	315	ਤੁਸਿ ਦਿਤਾ ਪੂਰੈ ਸਤਿਗੁਰੂ ਹਰਿ ਧਨੁ ਸਚੁ ਅਖੁਟੁ॥	ਤੁੱਸਿ, ਅ-ਖੁੱਟੁ	Thus Dhithaa Poorai Sathiguroo Har Dhhan Sach Akhutt ||	By His Pleasure, the True Guru has blessed me with the inexhaustible wealth of the Name of the True Lord.	(ਜਿਨ੍ਹਾਂ ਮਨੁੱਖਾਂ ਨੂੰ) ਪੂਰੇ ਸਤਿਗੁਰੂ ਨੇ ਪ੍ਰਭੂ ਦਾ ਸੱਚਾ ਤੇ ਨਾ ਮੁੱਕਣ ਵਾਲਾ ਧਨ ਪਰਸੰਨ ਹੋ ਕੇ ਦਿੱਤਾ ਹੈ,
14401	315	ਸਭਿ ਅੰਦੇਸੇ ਮਿਟਿ ਗਏ ਜਮ ਕਾ ਭਉ ਛੁਟੁ॥	ਛੁੱਟੁ	Sabh Andhaesae Mitt Geae Jam Kaa Bho Shhutt ||	All my anxiety is ended; I am rid of the fear of death.	ਉਹਨਾਂ ਦੇ ਸਾਰੇ ਫ਼ਿਕਰ ਮਿਟ ਜਾਂਦੇ ਹਨ ਤੇ ਮੌਤ ਦਾ ਡਰ ਦੂਰ ਹੋ ਜਾਂਦਾ ਹੈ,
14402	315	ਕਾਮ ਕ੍ਰੋਧ ਬੁਰਿਆਈਆਂ ਸੰਗਿ ਸਾਧੂ ਤੁਟੁ॥	ਤੁੱਟੁ	Kaam Krodhh Buriaaeeaaan Sang Saadhhoo Thutt ||	Sexual desire, anger and other evils have been subdued in the Saadh Sangat, the Company of the Holy.	(ਅਤੇ ਉਹਨਾਂ ਦੇ) ਕਾਮ ਕਰੋਧ ਆਦਿਕ ਪਾਪ ਸੰਤਾਂ ਦੀ ਸੰਗਤ ਵਿਚ ਮੁੱਕ ਜਾਂਦੇ ਹਨ।
14403	315	ਵਿਣੁ ਸਚੇ ਦੂਜਾ ਸੇਵਦੇ ਹੁਇ ਮਰਸਨਿ ਬੁਟੁ॥	(ਬੁੱਟ) ਅੰਗਹੀਣ	Vin Sachae Dhoojaa Saevadhae Hue Marasan Butt ||	Those who serve another, instead of the True Lord, die unfulfilled in the end.	ਪਰ ਜੋ ਮਨੁੱਖ ਸੱਚੇ ਹਰੀ ਤੋਂ ਬਿਨਾ ਕਿਸੇ ਹੋਰ ਦੀ ਸੇਵਾ ਕਰਦੇ ਹਨ, ਉਹ ਬੋਟ ਹੋ ਕੇ (ਭਾਵ, ਨਿਆਸਰੇ ਹੋ ਕੇ) ਮਰਦੇ ਹਨ।
14404	315	ਨਾਨਕ ਕਉ ਗੁਰਿ ਬਖਸਿਆ ਨਾਮੈ ਸੰਗਿ ਜੁਟੁ॥੨੯॥		Naanak Ko Gur Bakhasiaa Naamai Sang Jutt ||29||	The Guru has blessed Nanak with forgiveness; he is united with the Naam, the Name of the Lord. ||29||	ਹੇ ਨਾਨਕ! ਜਿਸ ਮਨੁੱਖ ਤੇ ਸਤਿਗੁਰੂ ਦੀ ਰਾਹੀਂ ਪ੍ਰਭੂ ਨੇ ਬਖ਼ਸ਼ਿਸ਼ ਕੀਤੀ ਹੈ ਉਹ ਨਿਰੋਲ ਨਾਮ ਵਿਚ ਜੁਟਿਆ ਹੋਇਆ ਹੈ ॥੨੯॥
14405	315	ਸਲੋਕ ਮਃ ੪॥		Salok Ma 4 ||	Shalok, Fourth Mehl:	

14406	315	ਤਪਾ ਨ ਹੋਵੈ ਅੰਦ੍ਰਹੁ ਲੋਭੀ ਨਿਤ ਮਾਇਆ ਨੋ ਫਿਰੈ ਜਜਮਾਲਿਆ॥	(ਜਜਮਾਲਿਆ) ਦਬਾਇਆ। ਤਪਾ:ਪੋਲਾ ਬੋਲੋ। ਜਜ-ਮਾਲਿਆ। ਜਜ: ਪੋਲਾ ਬੋਲੋ, ਮਾਲਿਆ	Thapaa N Hovai Andhrahu Lobhee Nith Maaeiaa No Firai Jajamaaliaa ||	He is not a penitent, who is greedy within his heart, and who constantly chases after Maya like a leper.	ਜੋ ਮਨੁੱਖ ਅੰਦਰੋਂ ਲੋਭੀ ਹੋਵੇ ਤੇ ਜੋ ਕੋਹੜੀ ਸਦਾ ਮਾਇਆ ਵਾਸਤੇ ਭਟਕਦਾ ਫਿਰੇ, ਉਹ (ਸੱਚਾ) ਤਪੱਸਵੀ ਨਹੀਂ ਹੋ ਸਕਦਾ।
14407	315	ਅਗੋਦੇ ਸਦਿਆ ਸਤੈ ਦੀ ਭਿਖਿਆ ਲਏ ਨਾਹੀ ਪਿਛੋਦੇ ਪਛੁਤਾਇ ਕੈ ਆਣਿ ਤਪੈ ਪੁਤੁ ਵਿਚਿ ਬਹਾਲਿਆ॥	(ਅਗੋਦੇ) ਪਹਿਲਾਂ। (ਸੱਤੈ) ਸਤਿਕਾਰ। ਸੱਦਿਆ, ਭਿੱਖਿਆ। ਤਪੈ: ਪੋਲਾ ਬੋਲੋ	Ago Dhae Sadhiaa Sathai Dhee Bhikhiaa Leae Naahee Pishho Dhae Pashhuthaae Kai Aan Thapai Puth Vich Behaaliaa ||	When this penitent was first invited, he refused our charity; but later he repented and sent his son, who was seated in the congregation.	ਇਹ ਤਪਾ ਪਹਿਲਾਂ (ਆਪਣੇ ਆਪ) ਸੱਦਿਆਂ ਆਦਰ ਦੀ ਭਿੱਛਿਆ ਲੈਂਦਾ ਨਹੀਂ ਸੀ, ਤੇ ਪਿਛੋਂ ਪਛਤਾ ਕੇ ਇਸ ਨੇ ਪੁੱਤਰ ਨੂੰ ਲਿਆ ਕੇ (ਪੰਗਤਿ) ਵਿਚ ਬਿਠਾਲ ਦਿੱਤਾ।
14408	315	ਪੰਚ ਲੋਕ ਸਭਿ ਹਸਣ ਲਗੇ ਤਪਾ ਲੋਭਿ ਲਹਰਿ ਹੈ ਗਾਲਿਆ॥	(ਪੰਚ) ਮੁਖੀ। ਹੱਸਣ ਲਹ-ਰਿ ਗੱਲਿਆ	Panch Log Sabh Hasan Lagae Thapaa Lobh Lehar Hai Gaaliaa ||	The village elders all laughed, saying that the waves of greed have destroyed this penitent.	(ਨਗਰ ਦੇ) ਮੁਖੀ ਬੰਦੇ ਸਾਰੇ ਹੱਸਣ ਲੱਗ ਪਏ (ਤੇ ਆਖਣ ਲੱਗੇ ਕਿ) ਇਹ ਤਪਾ ਲੋਭ ਦੀ ਲਹਿਰ ਵਿਚ ਗਲਿਆ ਪਿਆ ਹੈ।

14409	315	ਜਿਥੈ ਥੋੜਾ ਧਨੁ ਵੇਖੈ ਤਿਥੈ ਤਪਾ ਭਿਟੈ ਨਾਹੀ ਧਨਿ ਬਹੁਤੈ ਡਿਠੈ ਤਪੈ ਧਰਮੁ ਹਾਰਿਆ॥	(ਭਿੱਟੈ) ਛੋਹਣਾ। ਥੋੜ੍ਹਾ	Jithhai Thhorraa Dhhan Vaekhai Thithhai Thapaa Bhittai Naahee Dhhan Bahuthai Ddithai Thapai Dhharam Haariaa ||	If he sees only a little wealth, he does not bother to go there; but when he sees a lot of wealth, the penitent forsakes his vows.	ਜਿੱਥੇ ਥੋਹੜਾ ਧਨ ਵੇਖਦਾ ਹੈ, ਓਥੇ ਤਾਂ ਨੇੜੇ ਛੋਂਹਦਾ ਭੀ ਨਹੀਂ, ਤੇ ਬਹੁਤਾ ਧਨ ਵੇਖਿਆਂ (ਵੇਖ ਕੇ) ਤਪੇ ਨੇ ਆਪਣਾ ਧਰਮ ਹਾਰ ਦਿੱਤਾ ਹੈ।
14410	315	ਭਾਈ ਏਹੁ ਤਪਾ ਨ ਹੋਵੀ ਬਗੁਲਾ ਹੈ ਬਹਿ ਸਾਧ ਜਨਾ ਵੀਚਾਰਿਆ॥	ਬਗੁਲਾ: ਪੋਲਾ ਬੋਲੋ	Bhaaee Eaehu Thapaa N Hovee Bagulaa Hai Behi Saadhh Janaa Veechaariaa ||	O Siblings of Destiny, he is not a penitent - he is only a stork. Sitting together, the Holy Congregation has so decided.	ਭਲੇ ਮਨੁੱਖਾਂ ਨੇ ਇਕੱਠੇ ਹੋ ਕੇ ਵਿਚਾਰ ਕੀਤੀ ਹੈ (ਤੇ ਫ਼ੈਸਲਾ ਕੀਤਾ ਹੈ) ਕਿ ਹੇ ਭਾਈ! ਇਹ (ਸੱਚਾ) ਤਪਾ ਨਹੀਂ ਹੈ ਬਗੁਲਾ (ਭਾਵ, ਪਖੰਡੀ) ਹੈ।
14411	315	ਸਤ ਪੁਰਖ ਕੀ ਤਪਾ ਨਿੰਦਾ ਕਰੈ ਸੰਸਾਰੈ ਕੀ ਉਸਤਤਿ ਵਿਚਿ ਹੋਵੈ ਏਤੁ ਦੋਖੈ ਤਪਾ ਦਯਿ ਮਾਰਿਆ॥	ਦ-ਯਿ: ਦ ਮੁਕਤਾ, ਯਿ ਸਿਹਾਰੀ ਸਹਿਤ, ਤਾਲੂ ਤੋਂ ਬੋਲੋ	Sath Purakh Kee Thapaa Nindhaa Karai Sansaarai Kee Ousathathee Vich Hovai Eaeth Dhokhai Thapaa Dhay Maariaa ||	The penitent slanders the True Primal Being, and sings the praises of the material world. For this sin, he is cursed by the Lord.	ਭਲੇ ਮਨੁੱਖਾਂ ਦੀ ਇਹ ਤਪਾ ਨਿੰਦਾ ਕਰਦਾ ਹੈ ਤੇ ਸੰਸਾਰ ਦੀ ਉਸਤਤਿ ਵਿਚ ਹੈ (ਭਾਵ, ਸੰਸਾਰੀ ਜੀਵਾਂ ਦੀ ਵਡਿਆਈ ਵਿਚ ਖ਼ੁਸ਼ ਹੁੰਦਾ ਹੈ) ਇਸ ਦੂਸ਼ਣ ਕਰਕੇ ਇਸ ਤਪੇ ਨੂੰ ਖਸਮ ਪ੍ਰਭੂ ਨੇ (ਆਤਮਕ ਜੀਵਨ ਵਲੋਂ) ਮੁਰਦਾ ਕਰ ਦਿੱਤਾ ਹੈ।

14412	315	ਮਹਾਪੁਰਖਾਂ ਕੀ ਨਿੰਦਾ ਕਾ ਵੇਖੁ ਜਿ ਤਪੇ ਨੋ ਫਲੁ ਲਗਾ ਸਭੁ ਗਇਆ ਤਪੇ ਕਾ ਘਾਲਿਆ॥	ਘੱਾਲਿਆ	Mehaa Purakhaan Kee Nindhaa Kaa Vaekh J Thapae No Fal Lagaa Sabh Gaeiaa Thapae Kaa Ghaaliaa ||	Behold the fruit the penitent gathers, for slandering the Great Primal Being; all his labors have gone in vain.	ਵੇਖੋ! ਮਹਾਂ ਪੁਰਖਾਂ ਦੀ ਨਿੰਦਿਆ ਕਰਨ ਦਾ ਇਸ ਤਪੇ ਨੂੰ ਇਹ ਫਲ ਮਿਲਿਆ ਹੈ ਕਿ ਇਸ ਦੀ (ਹੁਣ ਤਾਈਂ ਦੀ ਕੀਤੀ ਹੋਈ) ਸਾਰੀ ਘਾਲ ਨਿਸਫਲ ਗਈ ਹੈ।
14413	315	ਬਾਹਰਿ ਬਹੈ ਪੰਚਾ ਵਿਚਿ ਤਪਾ ਸਦਾਏ॥		Baahar Behai Panchaa Vich Thapaa Sadhaaeae ||	When he sits outside among the elders, he is called a penitent;	ਬਾਹਰ ਨਗਰ ਦੇ ਮੁਖੀ ਬੰਦਿਆਂ ਵਿਚ ਬੈਠ ਕੇ ਆਪਣੇ ਆਪ ਨੂੰ ਤਪਾ ਅਖਵਾਉਂਦਾ ਹੈ,
14414	315	ਅੰਦਰਿ ਬਹੈ ਤਪਾ ਪਾਪ ਕਮਾਏ॥		Andhar Behai Thapaa Paap Kamaaeae ||	But when he sits within the congregation, the penitent commits sin.	ਅਤੇ ਅੰਦਰ ਬਹਿ ਕੇ ਤਪਾ ਮੰਦੇ ਕਰਮ ਕਰਦਾ ਹੈ।
14415	316	ਹਰਿ ਅੰਦਰਲਾ ਪਾਪੁ ਪੰਚਾ ਨੋ ਉਘਾ ਕਰਿ ਵੇਖਾਲਿਆ॥	ਉੱਘਾ	Har Andharalaa Paap Panchaa No Oughaa Kar Vaekhaaliaa ||	The Lord has exposed the penitent's secret sin to the elders.	ਪ੍ਰਭੂ ਨੇ ਤਪੇ ਦਾ ਅੰਦਰਲਾ (ਲੁਕਵਾਂ) ਪਾਪ ਪੰਚਾਂ ਨੂੰ ਪਰਗਟ ਕਰ ਕੇ ਵਿਖਾਲ ਦਿੱਤਾ।

14416	316	ਧਰਮਰਾਇ ਜਮਕੰਕਰਾ ਨੋ ਆਖਿ ਛਡਿਆ ਏਸੁ ਤਪੇ ਨੋ ਤਿਥੈ ਖੜਿ ਪਾਇਅਹੁ ਜਿਥੈ ਮਹਾ ਮਹਾਂ ਹਤਿਆਰਿਆ॥	(ਖੜਿ) ਲਿਜਾ ਕੇ। ਖੜਿ: ਪੋਲਾ ਬੋਲੋ, ੜ ਹਲੰਤ ਨਹੀਂ ਲਾਉਣਾ। ਪਾਇ-ਅਹੁ	Dhharam Raae Jamakankaraa No Aakh Shhaddiaa Eaes Thapae No Thithhai Kharr Paaeihu Jithhai Mehaa Mehaan Hathiaariaa ||	The Righteous Judge of Dharma said to the Messenger of Death, ""Take this penitent and put him with the worst of the worst murderers.""	ਧਰਮਰਾਜ ਨੇ ਆਪਣੇ ਜਮਦੂਤਾਂ ਨੂੰ ਆਖ ਦਿੱਤਾ ਹੈ ਕਿ ਇਸ ਤਪੇ ਨੂੰ ਲੈ ਜਾ ਕੇ ਉਸ ਥਾਂ ਪਾਇਓ ਜਿਥੇ ਵੱਡੇ ਤੋਂ ਵੱਡੇ ਪਾਪੀ (ਪਾਈਦੇ ਹਨ)।
14417	316	ਫਿਰਿ ਏਸੁ ਤਪੇ ਦੈ ਮੁਹਿ ਕੋਈ ਲਗਹੁ ਨਾਹੀ ਏਹੁ ਸਤਿਗੁਰਿ ਹੈ ਫਿਟਕਾਰਿਆ॥		Fir Eaes Thapae Dhai Muhi Koee Lagahu Naahee Eaehu Sathigur Hai Fittakaariaa ||	No one is to look at the face of this penitent again. He has been cursed by the True Guru.	ਫੇਰ (ਉਥੇ ਭੀ) ਇਸ ਤਪੇ ਦੇ ਮੂੰਹ ਕੋਈ ਨਾ ਲੱਗਿਓ, (ਕਿਉਂਕਿ) ਇਹ ਤਪਾ ਸਤਿਗੁਰੂ ਵਲੋਂ ਫਿਟਕਾਰਿਆ ਹੋਇਆ ਹੈ (ਗੁਰੂ ਤੋਂ ਵਿੱਛੁੜਿਆ ਹੋਇਆ ਹੈ)।
14418	316	ਹਰਿ ਕੈ ਦਰਿ ਵਰਤਿਆ ਸੁ ਨਾਨਕਿ ਆਖਿ ਸੁਣਾਇਆ॥		Har Kai Dhar Varathiaa S Naanak Aakh Sunaaeiaa ||	Nanak speaks and reveals what has taken place in the Court of the Lord.	ਹੇ ਨਾਨਕ! ਜੋ ਇਹ ਕੁਝ ਪ੍ਰਭੂ ਦੀ ਦਰਗਾਹ ਵਿਚ ਵਰਤਿਆ ਹੈ ਉਹ ਆਖ ਕੇ ਸੁਣਾ ਦਿੱਤਾ ਹੈ।
14419	316	ਸੋ ਬੂਝੈ ਜੁ ਦਯਿ ਸਵਾਰਿਆ॥੧॥	ਦ-ਯਿ: ਦ ਮੁਕਤਾ, ਯਿ ਸਿਹਾਰੀ ਸਹਿਤ, ਤਾਲੂ ਤੋਂ ਬੋਲੋ	So Boojhai J Dhay Savaariaa ||1||	He alone understands, who is blessed and adorned by the Lord. ||1||	ਇਸ ਗੱਲ ਨੂੰ ਉਹ ਮਨੁੱਖ ਸਮਝਦਾ ਹੈ ਜਿਸ ਨੂੰ ਖਸਮ ਪ੍ਰਭੂ ਨੇ ਸਵਾਰਿਆ ਹੋਇਆ ਹੈ ॥੧॥
14420	316	ਮਃ ੪॥		Ma 4 ||	Fourth Mehl:	

14421	316	ਹਰਿ ਭਗਤਾਂ ਹਰਿ ਆਰਾਧਿਆ ਹਰਿ ਕੀ ਵਡਿਆਈ॥		Har Bhagathaan Har Aaraadhhiaa Har Kee Vaddiaaee ||	The devotees of the Lord worship and adore the Lord, and the glorious greatness of the Lord.	ਹਰੀ ਦੇ ਭਗਤ ਹਰੀ ਨੂੰ ਸਿਮਰਦੇ ਹਨ ਤੇ ਹਰੀ ਦੀ ਸਿਫ਼ਤਿ-ਸਾਲਾਹ ਕਰਦੇ ਹਨ,
14422	316	ਹਰਿ ਕੀਰਤਨੁ ਭਗਤ ਨਿਤ ਗਾਂਵਦੇ ਹਰਿ ਨਾਮੁ ਸੁਖਦਾਈ॥		Har Keerathan Bhagath Nith Gaanvadhae Har Naam Sukhadhaaee ||	The Lord's devotees continually sing the Kirtan of His Praises; the Name of the Lord is the Giver of peace.	ਭਗਤ ਸਦਾ ਹਰੀ ਦਾ ਕੀਰਤਨ ਗਾਂਦੇ ਹਨ ਤੇ ਹਰੀ ਦਾ ਸੁਖਦਾਈ ਨਾਮ (ਜਪਦੇ ਹਨ)।
14423	316	ਹਰਿ ਭਗਤਾਂ ਨੋ ਨਿਤ ਨਾਵੈ ਦੀ ਵਡਿਆਈ ਬਖਸੀਅਨੁ ਨਿਤ ਚੜੈ ਸਵਾਈ॥	ਬਖਸੀ-ਅਨੁ ਚੜ੍ਹੈ	Har Bhagathaan No Nith Naavai Dhee Vaddiaaee Bakhaseean Nith Charrai Savaaee ||	The Lord ever bestows upon His devotees the glorious greatness of His Name, which increases day by day.	ਪ੍ਰਭੂ ਨੇ ਭਗਤਾਂ ਨੂੰ ਸਦਾ ਲਈ ਨਾਮ (ਜਪਣ) ਦਾ ਗੁਣ ਬਖ਼ਸ਼ਿਆ ਹੈ ਜੋ ਦਿਨੋਂ ਦਿਨ ਸਵਾਇਆ ਵਧਦਾ ਹੈ।
14424	316	ਹਰਿ ਭਗਤਾਂ ਨੋ ਥਿਰੁ ਘਰੀ ਬਹਾਲਿਅਨੁ ਅਪਣੀ ਪੈਜ ਰਖਾਈ॥		Har Bhagathaan No Thhir Gharee Behaalian Apanee Paij Rakhaaee ||	The Lord inspires His devotees to sit, steady and stable, in the home of their inner being. He preserves their honor.	ਪ੍ਰਭੂ ਨੇ ਆਪਣੇ ਬਿਰਦ ਦੀ ਲਾਜ ਰੱਖੀ ਹੈ ਤੇ ਆਪਣੇ ਭਗਤਾਂ ਨੂੰ ਹਿਰਦੇ ਵਿਚ ਅਡੋਲ ਕਰ ਦਿੱਤਾ ਹੈ (ਭਾਵ, ਮਾਇਆ ਦੇ ਪਿਛੇ ਨਹੀਂ ਡੋਲਣ ਦੇਂਦਾ)।

14425	316	ਨਿੰਦਕਾਂ ਪਾਸਹੁ ਹਰਿ ਲੇਖਾ ਮੰਗਸੀ ਬਹੁ ਦੇਇ ਸਜਾਈ॥		Nindhakaan Paasahu Har Laekhaa Mangasee Bahu Dhaee Sajaaee ||	The Lord summons the slanderers to answer for their accounts, and He punishes them severely.	ਨਿੰਦਕਾਂ ਕੋਲੋਂ ਪ੍ਰਭੂ ਲੇਖਾ ਮੰਗਦਾ ਹੈ ਤੇ ਬਹੁਤੀ ਸਜ਼ਾ ਦਿੰਦਾ ਹੈ।
14426	316	ਜੇਹਾ ਨਿੰਦਕ ਅਪਨੈ ਜੀਇ ਕਮਾਵਦੇ ਤੇਹੋ ਫਲੁ ਪਾਈ॥	(ਜੀਇ) ਹਿਰਦੇ ਚ	Jaehaa Nindhak Apanai Jeee Kamaavadhae Thaeho Fal Paaee ||	As the slanderers think of acting, so are the fruits they obtain.	ਨਿੰਦਕ ਜਿਹੋ ਜਿਹਾ ਆਪਣੇ ਮਨ ਵਿਚ ਕਮਾਂਦੇ ਹਨ, ਤਿਹੋ ਜਿਹਾ ਉਹਨਾਂ ਨੂੰ ਫਲ ਮਿਲਦਾ ਹੈ।
14427	316	ਅੰਦਰਿ ਕਮਾਣਾ ਸਰਪਰ ਉਘੜੈ ਭਾਵੈ ਕੋਈ ਬਹਿ ਧਰਤੀ ਵਿਚਿ ਕਮਾਈ॥	(ਸਰਪਰ) ਜ਼ਰੂਰ। (ਉੱਘ-ੜੈ) ਪ੍ਰਗਟ ਹੁੰਦਾ	Andhar Kamaanaa Sarapar Ougharrai Bhaavai Koee Behi Dhharathee Vich Kamaaee ||	Actions done in secrecy are sure to come to light, even if one does it underground.	(ਕਿਉਂਕਿ) ਅੰਦਰ ਬੈਠ ਕੇ ਭੀ ਕੀਤਾ ਹੋਇਆ ਕੰਮ ਜ਼ਰੂਰ ਪਰਗਟ ਹੋ ਜਾਂਦਾ ਹੈ, ਭਾਵੇਂ ਕੋਈ ਧਰਤੀ ਵਿਚ (ਲੁਕ ਕੇ) ਕਰੇ।
14428	316	ਜਨ ਨਾਨਕੁ ਦੇਖਿ ਵਿਗਸਿਆ ਹਰਿ ਕੀ ਵਡਿਆਈ॥੨॥	ਵਿਗ-ਸਿਆ	Jan Naanak Dhaekh Vigasiaa Har Kee Vaddiaaee ||2||	Servant Nanak blossoms forth in joy, beholding the glorious greatness of the Lord. ||2||	(ਪ੍ਰਭੂ ਦਾ) ਦਾਸ ਨਾਨਕ ਪ੍ਰਭੂ ਦੀ ਵਡਿਆਈ ਵੇਖ ਕੇ ਪ੍ਰਸੰਨ ਹੋ ਰਿਹਾ ਹੈ ॥੨॥
14429	316	ਪਉੜੀ ਮਃ ੫॥		Pourree Ma 5 ||	Pauree, Fifth Mehl:	

14430	316	ਭਗਤ ਜਨਾਂ ਕਾ ਰਾਖਾ ਹਰਿ ਆਪਿ ਹੈ ਕਿਆ ਪਾਪੀ ਕਰੀਐ॥		Bhagath Janaan Kaa Raakhaa Har Aap Hai Kiaa Paapee Kareeai ||	The Lord Himself is the Protector of His devotees; what can the sinner do to them?	ਪ੍ਰਭੂ (ਆਪਣੇ) ਭਗਤਾਂ ਦਾ ਆਪ ਰਾਖਾ ਹੈ, ਪਾਪ ਚਿਤਵਨ ਵਾਲਾ (ਉਹਨਾਂ ਦਾ) ਕੀਹ ਵਿਗਾੜ ਸਕਦਾ ਹੈ? (ਭਾਵ, ਕੁਝ ਵਿਗਾੜ ਨਹੀਂ ਸਕਦਾ)।
14431	316	ਗੁਮਾਨੁ ਕਰਹਿ ਮੂੜ ਗੁਮਾਨੀਆ ਵਿਸੁ ਖਾਧੀ ਮਰੀਐ॥	ਵਿਸੁ: ਪੋਲਾ ਬੋਲੋ	Gumaan Karehi Moorr Gumaaneeaa Vis Khaadhhee Mareeai ||	The proud fool acts in pride, and eating his own poison, he dies.	ਮੂਰਖ ਅਹੰਕਾਰੀ ਮਨੁੱਖ ਅਹੰਕਾਰ ਕਰਦੇ ਹਨ ਤੇ (ਅਹੰਕਾਰ ਰੂਪੀ) ਜ਼ਹਿਰ ਖਾਧਿਆਂ ਮਰਦੇ ਹਨ।
14432	316	ਆਇ ਲਗੇਨੀ ਦਿਹ ਥੋੜੜੇ ਜਿਉ ਪਕਾ ਖੇਤੁ ਲੁਣੀਐ॥	(ਲੱਗੇਨੀ) ਲੱਗੇ ਹਨ। (ਲੁਣੀਐ) ਕੱਟੀਦਾ ਹੈ। ਪੱਕਾ	Aae Lagae Nee Dhih Thhorrarae Jio Pakaa Khaeth Luneeai ||	His few days have come to an end, and he is cut down like the crop at harvest.	(ਕਿਉਂਕਿ ਜਿਸ ਜ਼ਿੰਦਗੀ ਤੇ ਮਾਣ ਕਰਦੇ ਹਨ ਉਸ ਦੇ ਗਿਣਤੀ ਦੇ) ਥੋਹੜੇ ਦਿਨ ਆਖ਼ਰ ਮੁੱਕ ਜਾਂਦੇ ਹਨ, ਜਿਵੇਂ ਪੱਕਾ ਫ਼ਸਲ ਕੱਟੀਦਾ ਹੈ,
14433	316	ਜੇਹੇ ਕਰਮ ਕਮਾਵਦੇ ਤੇਵੇਹੋ ਭਣੀਐ॥	(ਭਣੀਐ) ਆਖੇ ਜਾਂਦੇ	Jaehae Karam Kamaavadhae Thaevaeho Bhaneeai ||	According to one's actions, so is one spoken of.	ਅਤੇ ਉਹ ਜਿਹੋ ਜਿਹੇ (ਅਹੰਕਾਰ ਦੇ) ਕੰਮ ਕਰਦੇ ਹਨ, (ਦਰਗਾਹ ਵਿਚ ਭੀ) ਉਹੋ ਜਿਹੇ ਅਖਵਾਉਂਦੇ ਹਨ (ਭਾਵ, ਉਹੋ ਜਿਹਾ ਫਲ ਪਾਉਂਦੇ ਹਨ)।

14434	316	ਜਨ ਨਾਨਕ ਕਾ ਖਸਮੁ ਵਡਾ ਹੈ ਸਭਨਾ ਦਾ ਧਣੀਐ॥੩੦॥	(ਧਣੀਐ) ਮਾਲਕ	Jan Naanak Kaa Khasam Vaddaa Hai Sabhanaa Dhaa Dhhaneeai ||30||	Glorious and great is the Lord and Master of servant Nanak; He is the Master of all. ||30||	(ਪਰ) ਜੋ ਪ੍ਰਭੂ ਸਭ ਦਾ ਮਾਲਕ ਹੈ, ਤੇ ਵੱਡਾ ਹੈ ਉਹ (ਆਪਣੇ) ਦਾਸ ਨਾਨਕ ਦਾ ਰਾਖਾ ਹੈ ॥੩੦॥
14435	316	ਸਲੋਕ ਮਃ ੪॥		Salok Ma 4 ||	Shalok, Fourth Mehl:	
14436	316	ਮਨਮੁਖ ਮੂਲਹੁ ਭੁਲਿਆ ਵਿਚਿ ਲਬੁ ਲੋਭੁ ਅਹੰਕਾਰੁ॥	ਅਹੰ-ਕਾਰੁ	Manamukh Moolahu Bhuliaa Vich Lab Lobh Ahankaar ||	The self-willed manmukhs forget the Primal Lord, the Source of all; they are caught in greed and egotism.	ਸਤਿਗੁਰੂ ਤੋਂ ਭੁੱਲੇ ਹੋਏ ਮਨੁੱਖ ਮੂਲ ਤੋਂ ਭੁੱਲੇ ਹੋਏ ਹਨ, ਕਿਉਂਕਿ ਉਹਨਾਂ ਦੇ ਅੰਦਰ ਲੱਬ, ਲੋਭ ਤੇ ਅਹੰਕਾਰ ਹੈ,
14437	316	ਝਗੜਾ ਕਰਦਿਆ ਅਨ ਦਿਨੁ ਗੁਦਰੈ ਸਬਦਿ ਨ ਕਰਹਿ ਵੀਚਾਰੁ॥	ਗੁਦਰੈ: ਪੋਲਾ ਬੋਲੋ। (ਗੁਦਰੈ) ਗੁਜ਼ਰਦਾ	Jhagarraa Karadhiaa Anadhin Gudharai Sabadh N Karehi Veechaar ||	They pass their nights and days in conflict and struggle; they do not contemplate the Word of the Shabad.	ਉਹਨਾਂ ਦਾ ਹਰੇਕ ਦਿਹਾੜਾ (ਭਾਵ, ਸਾਰੀ ਉਮਰ) ਲੱਬ ਲੋਭ ਅਹੰਕਾਰ (ਸੰਬੰਧੀ) ਝਗੜਾ ਕਰਦਿਆਂ ਗੁਜ਼ਰਦਾ ਹੈ, ਉਹ ਸਤਿਗੁਰੂ ਦੇ ਸ਼ਬਦ ਵਿਚ ਵਿਚਾਰ ਨਹੀਂ ਕਰਦੇ।
14438	316	ਸੁਧਿ ਮਤਿ ਕਰਤੈ ਸਭ ਹਿਰਿ ਲਈ ਬੋਲਨਿ ਸਭੁ ਵਿਕਾਰੁ॥	(ਹਿਰਿ) ਗੁਆ ਲਈ, ਨਾਸ ਹੋ ਗਈ	Sudhh Math Karathai Sabh Hir Lee Bolan Sabh Vikaar ||	The Creator has taken away all their understanding and purity; all their speech is evil and corrupt.	ਕਰਤਾਰ ਨੇ ਉਹਨਾਂ (ਮਨਮੁਖਾਂ) ਦੀ ਹੋਸ਼ ਤੇ ਅਕਲ ਖੋਹ ਲਈ ਹੈ, ਨਿਰਾ ਵਿਕਾਰ ਹੀ ਬੋਲਦੇ ਹਨ (ਭਾਵ, ਨਿਰੇ ਵਿਕਾਰਾਂ ਦੇ ਬਚਨ ਹੀ ਕਰਦੇ ਹਨ);

14439	316	ਦਿਤੈ ਕਿਤੈ ਨ ਸੰਤੋਖੀਅਹਿ ਅੰਤਰਿ ਤਿਸਨਾ ਬਹੁ ਅਗਿਆਨੁ ਅੰਧ੍ਯਾਰੁ॥	ਅੰਧਿਆਰੁ	Dhithai Kithai N Santhokheeahi Anthar Thisanaa Bahu Agiaan Andhhyaar ||	No matter what they are given, they are not satisfied; within their hearts there is great desire, ignorance and darkness.	ਉਹ ਕਿਸੇ ਭੀ ਦਾਤ (ਦੇ ਮਿਲਣ) ਤੇ ਰੱਜਦੇ ਨਹੀਂ, ਕਿਉਂਕਿ ਉਹਨਾਂ ਦੇ ਮਨ ਵਿਚ ਬੜੀ ਤ੍ਰਿਸ਼ਨਾ ਅਗਿਆਨ ਤੇ ਹਨੇਰਾ ਹੈ।
14440	316	ਨਾਨਕ ਮਨਮੁਖਾ ਨਾਲੋ ਤੁਟੀ ਭਲੀ ਜਿਨ ਮਾਇਆ ਮੋਹ ਪਿਆਰੁ॥੧॥	ਤੁੱਟੀ	Naanak Manamukhaa Naalo Thuttee Bhalee Jin Maaeiaa Moh Piaar ||1||	O Nanak, it is good to break away from the self-willed manmukhs, who have love and attachment to Maya. ||1||	ਹੇ ਨਾਨਕ! (ਇਹੋ ਜਿਹੇ) ਮਨਮੁਖਾਂ ਨਾਲੋਂ ਸੰਬੰਧ ਟੁੱਟਾ ਹੋਇਆ ਹੀ ਚੰਗਾ ਹੈ, ਕਿਉਂਕਿ ਉਹਨਾਂ ਦਾ ਮੋਹ ਪਿਆਰ ਤਾਂ ਮਾਇਆ ਨਾਲ ਹੈ ॥੧॥
14441	316	ਮਃ ੪॥		Ma 4 ||	Fourth Mehl:	
14442	316	ਜਿਨਾ ਅੰਦਰਿ ਦੂਜਾ ਭਾਉ ਹੈ ਤਿਨ੍ਹਾ ਗੁਰਮੁਖਿ ਪ੍ਰੀਤਿ ਨ ਹੋਇ॥		Jinaa Andhar Dhoojaa Bhaao Hai Thinhaa Guramukh Preeth N Hoe ||	Those whose hearts are filled with the love of duality, do not love the Gurmukhs.	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਮਾਇਆ ਦਾ ਪਿਆਰ ਹੈ, ਉਹਨਾਂ (ਦੇ ਹਿਰਦੇ ਵਿਚ) ਸਤਿਗੁਰੂ ਦੇ ਸਨਮੁਖ ਰਹਿਣ ਵਾਲਾ ਨਿਹੁੰ ਨਹੀਂ ਹੁੰਦਾ।
14443	316	ਓਹੁ ਆਵੈ ਜਾਇ ਭਵਾਈਐ ਸੁਪਨੈ ਸੁਖੁ ਨ ਕੋਇ॥		Ouhu Aavai Jaae Bhavaaeeai Supanai Sukh N Koe ||	They come and go, and wander in reincarnation; even in their dreams, they find no peace.	ਉਸ ਨੂੰ ਸੁਪਨੇ ਵਿਚ ਭੀ ਸੁਖ ਨਹੀਂ ਮਿਲਦਾ ਤੇ ਉਹ ਜੰਮਣ ਮਰਨ ਵਿਚ ਭਉਂਦਾ ਫਿਰਦਾ ਹੈ।

14444	316	ਕੂੜੁ ਕਮਾਵੈ ਕੂੜੁ ਉਚਰੈ ਕੂੜਿ ਲਗਿਆ ਕੂੜੁ ਹੋਇ॥		Koorr Kamaavai Koorr Oucharai Koorr Lagiaa Koorr Hoe ||	They practice falsehood and they speak falsehood; attached to falsehood, they become false.	ਉਹ ਮਨੁੱਖ (ਮਾਇਆ ਮੋਹ-ਰੂਪ) ਕੂੜਾ ਕੰਮ ਕਰਦਾ ਹੈ, ਤੇ (ਜ਼ਬਾਨ ਤੋਂ ਭੀ) ਕੂੜ ਬੋਲਦਾ ਹੈ ਤੇ ਕੂੜ ਵਿਚ ਲੱਗ ਕੇ ਕੂੜ (ਦਾ ਰੂਪ ਹੀ) ਹੋ ਜਾਂਦਾ ਹੈ।
14445	316	ਮਾਇਆ ਮੋਹੁ ਸਭੁ ਦੁਖੁ ਹੈ ਦੁਖਿ ਬਿਨਸੈ ਦੁਖੁ ਰੋਇ॥		Maaeiaa Mohu Sabh Dhukh Hai Dhukh Binasai Dhukh Roe ||	The love of Maya is total pain; in pain they perish, and in pain they cry out.	(ਕਿਉਂਕਿ) ਮਾਇਆ ਦਾ ਮੋਹ (-ਰੂਪ ਕੂੜ) ਨਿਰੋਲ ਦੁੱਖ (ਦਾ ਕਾਰਨ) ਹੈ (ਇਸ ਲਈ ਉਹ) ਦੁੱਖ ਵਿਚ ਹੀ ਮੁੱਕ ਜਾਂਦਾ ਹੈ ਤੇ ਦੁੱਖ (ਦਾ ਰੋਣਾ ਹੀ) ਰੋਂਦਾ ਰਹਿੰਦਾ ਹੈ।
14446	316	ਨਾਨਕ ਧਾਤੁ ਲਿਵੈ ਜੋੜੁ ਨ ਆਵਈ ਜੇ ਲੋਚੈ ਸਭੁ ਕੋਇ॥	(ਧਾਤੁ) ਮਾਇਆਧਾਰੀ	Naanak Dhhaath Livai Jorr N Aavee Jae Lochai Sabh Koe ||	O Nanak, there can be no union between the love of worldliness and the love of the Lord, no matter how much everyone may desire it.	ਭਾਵੇਂ ਹਰੇਕ ਮਨੁੱਖ ਪਿਆ ਤਾਂਘ ਕਰੇ (ਪਰ) ਹੇ ਨਾਨਕ! ਮਾਇਆ ਤੇ ਲਿਵ ਦਾ ਮੇਲ ਫਬ ਨਹੀਂ ਸਕਦਾ।
14447	316	ਜਿਨ ਕਉ ਪੋਤੈ ਪੁੰਨੁ ਪਇਆ ਤਿਨਾ ਗੁਰ ਸਬਦੀ ਸੁਖੁ ਹੋਇ॥੨॥	(ਪੋਤੈ) ਖਜ਼ਾਨੇ। ਪਇਆ	Jin Ko Pothai Punn Paeiaa Thinaa Gur Sabadhee Sukh Hoe ||2||	Those who have the treasure of virtuous deeds find peace through the Word of the Guru's Shabad. ||2||	(ਪਿਛਲੇ ਕੀਤੇ ਹੋਏ ਭਲੇ ਕਰਮਾਂ ਅਨੁਸਾਰ) ਜਿਨ੍ਹਾਂ ਦੇ (ਮਨ-ਰੂਪ) ਪੱਲੇ ਵਿਚ (ਭਲੇ ਸੰਸਕਾਰਾਂ ਦਾ ਇਕੱਠ-ਰੂਪ) ਪੁੰਨ (ਉੱਕਰਿਆ) ਹੋਇਆ ਹੈ, ਉਹਨਾਂ ਨੂੰ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਸੁਖ ਮਿਲਦਾ ਹੈ ॥੨॥
14448	316	ਪਉੜੀ ਮਃ ੫॥		Pourree Ma 5 ||	Pauree, Fifth Mehl:	

14449	316	ਨਾਨਕ ਵੀਚਾਰਹਿ ਸੰਤ ਮੁਨਿ ਜਨਾਂ ਚਾਰਿ ਵੇਦ ਕਹੰਦੇ॥	ਕ-ਹੰਦੇ	Naanak Veechaarehi Santh Mun Janaan Chaar Vaedh Kehandhae ||	O Nanak, the Saints and the silent sages think, and the four Vedas proclaim,	ਹੇ ਨਾਨਕ! ਸੰਤ ਤੇ ਮੁਨੀ ਜਨ (ਆਪਣੀ) ਵਿਚਾਰ ਦੱਸਦੇ ਹਨ ਤੇ ਚਾਰੇ ਵੇਦ (ਭਾਵ, ਪੁਰਾਤਨ ਧਰਮ-ਪੁਸਤਕ) ਭੀ (ਇਹੀ ਗੱਲ) ਆਖਦੇ ਹਨ,
14450	316	ਭਗਤ ਮੁਖੈ ਤੇ ਬੋਲਦੇ ਸੇ ਵਚਨ ਹੋਵੰਦੇ॥	ਹੋਵੰਦੇ	Bhagath Mukhai Thae Boladhae Sae Vachan Hovandhae ||	That whatever the Lord's devotees speak comes to pass.	(ਕਿ) ਭਗਤ ਜਨ ਜੋ ਬਚਨ ਮੂੰਹੋਂ ਬੋਲਦੇ ਹਨ ਉਹ (ਸਹੀ) ਹੁੰਦੇ ਹਨ।
14451	316	ਪਰਗਟ ਪਾਹਾਰੈ ਜਾਪਦੇ ਸਭਿ ਲੋਕ ਸੁਣੰਦੇ॥	ਸੁ-ਣੰਦੇ	Paragatt Paahaarai Jaapadhae Sabh Lok Sunandhae ||	He is revealed in His cosmic workshop; all people hear of it.	(ਭਗਤ) ਸਾਰੇ ਸੰਸਾਰ ਵਿਚ ਪ੍ਰਤੱਖ ਪਰਸਿੱਧ ਹੁੰਦੇ ਹਨ ਤੇ (ਉਹਨਾਂ ਦੀ ਸੋਭਾ) ਸਾਰੇ ਲੋਕ ਸੁਣਦੇ ਹਨ।
14452	316	ਸੁਖੁ ਨ ਪਾਇਨਿ ਮੁਗਧ ਨਰ ਸੰਤ ਨਾਲਿ ਖਹੰਦੇ॥	ਖ-ਹੰਦੇ	Sukh N Paaein Mugadhh Nar Santh Naal Khehandhae ||	The foolish people, who fight with the Saints, find no peace.	ਜੋ ਮੂਰਖ ਮਨੁੱਖ (ਅਜੇਹੇ) ਸੰਤਾਂ ਨਾਲ ਵੈਰ ਕਰਦੇ ਹਨ, ਉਹ ਸੁਖ ਨਹੀਂ ਪਾਂਦੇ।
14453	316	ਓਇ ਲੋਚਨਿ ਓਨ੍ਹਾ ਗੁਣੈ ਨੋ ਓਇ ਅਹੰਕਾਰਿ ਸੜੰਦੇ॥	ਸ-ੜੰਦੇ	Oue Lochan Ounaa Gunaa No Oue Ahankaar Sarrandhae ||	The Saints seek to bless them with virtue, but they are burning with egotism.	(ਉਹ ਦੋਖੀ) ਸੜਦੇ ਤਾਂ ਅਹੰਕਾਰ ਵਿਚ ਹਨ, (ਪਰ) ਭਗਤ ਜਨਾਂ ਦੇ ਗੁਣਾਂ ਨੂੰ ਤਰਸਦੇ ਹਨ।

14454	316	ਓਇ ਵੇਚਾਰੇ ਕਿਆ ਕਰਹਿ ਜਾਂ ਭਾਗ ਧੁਰਿ ਮੰਦੇ॥		Oue Vaechaarae Kiaa Karehi Jaan Bhaag Dhhur Mandhae ||	What can those wretched ones do? Their evil destiny was pre-ordained.	ਇਹਨਾਂ ਦੋਖੀ ਮਨੁੱਖਾਂ ਦੇ ਵੱਸ ਭੀ ਕੀਹ ਹੈ? ਕਿਉਂਕਿ ਮੁੱਢ ਤੋਂ (ਮੰਦੇ ਕੰਮ ਕਰਨ ਕਰਕੇ) ਮੰਦੇ (ਸੰਸਕਾਰ ਹੀ) ਉਹਨਾਂ ਦਾ ਹਿੱਸਾ ਹੈ।
14455	317	ਜੋ ਮਾਰੇ ਤਿਨਿ ਪਾਰਬ੍ਰਹਮਿ ਸੇ ਕਿਸੈ ਨ ਸੰਦੇ॥	(ਸੰਦੇ) ਦੇ	Jo Maarae Thin Paarabreham Sae Kisai N Sandhae ||	Those who are struck down by the Supreme Lord God do not belong to anyone.	ਜੋ ਮਨੁੱਖ ਰੱਬ ਵਲੋਂ ਮੋਏ ਹੋਏ ਹਨ, ਉਹ ਕਿਸੇ ਦੇ (ਸੱਕੇ) ਨਹੀਂ।
14456	317	ਵੈਰੁ ਕਰਨਿ ਨਿਰਵੈਰ ਨਾਲਿ ਧਰਮਿ ਨਿਆਇ ਪਚੰਦੇ॥	(ਪ-ਚੰਦੇ) ਸੜਦੇ	Vair Karan Niravair Naal Dhharam Niaae Pachandhae ||	Those who hate the One who has no hatred, are destroyed by righteous justice.	ਨਿਰਵੈਰਾਂ ਨਾਲ (ਭੀ) ਵੈਰ ਕਰਦੇ ਹਨ, ਤੇ (ਪਰਮਾਤਮਾ ਦੇ) ਧਰਮ ਨਿਆਂ ਅਨੁਸਾਰ ਦੁਖੀ ਹੁੰਦੇ ਹਨ।
14457	317	ਜੋ ਜੋ ਸੰਤਿ ਸਰਾਪਿਆ ਸੇ ਫਿਰਹਿ ਭਵੰਦੇ॥	(ਭ-ਵੰਦੇ) ਭਟਕਦੇ	Jo Jo Santh Saraapiaa Sae Firehi Bhavandhae ||	Those who are cursed by the Saints wander around lost.	ਜੋ ਮਨੁੱਖ ਸੰਤਾਂ ਵਲੋਂ ਫਿਟਕਾਰੇ ਹੋਏ ਹਨ, ਉਹ (ਜਨਮ ਮਰਨ ਵਿਚ) ਭਟਕਦੇ ਫਿਰਦੇ ਹਨ।
14458	317	ਪੇਡੁ ਮੁੰਢਾਹੂ ਕਟਿਆ ਤਿਸੁ ਡਾਲ ਸੁਕੰਦੇ॥੩੧॥	ਸੁ-ਕੰਦੇ	Paedd Mundtaahoo Kattiaa This Ddaal Sukandhae ||31||	When the tree is cut off at its roots, the branches wither and die. ||31||	(ਇਹ ਸਪਸ਼ਟ ਗੱਲ ਹੈ ਕਿ) ਜੋ ਰੁੱਖ ਮੁੱਢੋਂ ਕੱਟਿਆ ਜਾਏ, ਉਸ ਦੇ ਟਾਹਣ ਭੀ ਸੁੱਕ ਜਾਂਦੇ ਹਨ ॥੩੧॥
14459	317	ਸਲੋਕ ਮਃ ੫॥		Salok Ma 5 ||	Shalok, Fifth Mehl:	

14460	317	ਗੁਰ ਨਾਨਕ ਹਰਿ ਨਾਮੁ ਦ੍ਰਿੜਾਇਆ ਭੰਨਣ ਘੜਣ ਸਮਰਥੁ॥	ਸਮਰੱਥੁ	Gur Naanak Har Naam Dhrirraaeiaa Bhannan Gharran Samarathh ||	Guru Nanak implanted the Naam, the Name of the Lord, within me; He is All-powerful, to create and destroy.	ਹੇ ਨਾਨਕ! ਜੋ ਹਰੀ ਸਰੀਰਾਂ ਨੂੰ ਸਹਿਜੇ ਹੀ ਢਾਹ ਤੇ ਬਣਾ ਸਕਦਾ ਹੈ, ਸਤਿਗੁਰੂ ਨੇ ਉਸ ਹਰੀ ਦਾ ਨਾਮ (ਸਾਡੇ ਹਿਰਦੇ ਵਿਚ) ਪਰੋ ਦਿੱਤਾ ਹੈ (ਤੇ ਸਾਡਾ ਸਭ ਦੁੱਖ ਦੂਰ ਹੋ ਗਿਆ ਹੈ)।
14461	317	ਪ੍ਰਭੁ ਸਦਾ ਸਮਾਲਹਿ ਮਿਤ੍ਰ ਤੂ ਦੁਖੁ ਸਬਾਇਆ ਲਥੁ॥੧॥	ਸਮਾਲ-ਹਿਲੱਥੁ	Prabh Sadhaa Samaalehi Mithr Thoo Dhukh Sabaaeiaa Lathh ||1||	Remember God forever, my friend, and all your suffering will disappear. ||1||	ਹੇ ਮਿੱਤਰ! ਜੇ ਤੂੰ (ਭੀ) ਪ੍ਰਭੂ ਨੂੰ ਸਦਾ ਯਾਦ ਕਰੇਂ, ਤਾਂ (ਤੇਰਾ ਭੀ) ਸਭ ਦੁੱਖ ਲਹਿ ਜਾਏ ॥੧॥
14462	317	ਮਃ ੫॥		Ma 5 ||	Fifth Mehl:	
14463	317	ਖੁਧਿਆਵੰਤੁ ਨ ਜਾਣਈ ਲਾਜ ਕੁਲਾਜ ਕੁਬੋਲੁ॥	(ਖੁਧਿਆ-ਵੰਤੁ) ਭੁੱਖਾ	Khudhhiaavanth N Jaanee Laaj Kulaaj Kubol ||	The hungry person does not care about honor, dishonor or harsh words.	(ਜਿਵੇਂ) ਭੁੱਖਾ ਮਨੁੱਖ ਆਦਰ (ਦੇ ਬਚਨ) ਜਾਂ ਨਿਰਾਦਰੀ ਦੇ ਮੰਦੇ ਬਚਨ ਨੂੰ ਨਹੀਂ ਜਾਣਦਾ (ਭਾਵ, ਪਰਵਾਹ ਨਹੀਂ ਕਰਦਾ ਤੇ ਰੋਟੀ ਵਾਸਤੇ ਸਵਾਲ ਕਰ ਦੇਂਦਾ ਹੈ, ਤਿਵੇਂ)
14464	317	ਨਾਨਕੁ ਮਾਂਗੈ ਨਾਮੁ ਹਰਿ ਕਰਿ ਕਿਰਪਾ ਸੰਜੋਗੁ॥੨॥	(ਸੰਜੋਗੁ) ਮਿਲਾਪ	Naanak Maangai Naam Har Kar Kirapaa Sanjog ||2||	Nanak begs for the Name of the Lord; please grant Your Grace, and unite me with Yourself. ||2||	ਹੇ ਹਰੀ! ਨਾਨਕ (ਭੀ) ਤੇਰਾ ਨਾਮ ਮੰਗਦਾ ਹੈ, ਮਿਹਰ ਕਰ ਤੇ ਮਿਲਾਪ ਬਖ਼ਸ਼ ॥੨॥
14465	317	ਪਉੜੀ॥		Pourree ||	Pauree:	

14466	317	ਜੇਵੇਹੇ ਕਰਮ ਕਮਾਵਦਾ ਤੇਵੇਹੇ ਫਲਤੇ॥		Jaevaehae Karam Kamaavadhaa Thaevaehae Falathae ||	According to the deeds which one does, so are the fruits one obtains.	(ਅਕਿਰਤ-ਘਣ) ਮਨੁੱਖ ਜਿਹੋ ਜਿਹੇ ਕਰਮ ਕਰਦਾ ਹੈ, ਉਹ ਕਰਮ ਉਹੋ ਜਿਹਾ ਫਲ ਦੇਂਦਾ ਹੈ;
14467	317	ਚਬੇ ਤਤਾ ਲੋਹ ਸਾਰੁ ਵਿਚਿ ਸੰਘੈ ਪਲਤੇ॥	(ਲੋਹ) ਲੋਹਾ। (ਸਾਰੁ) ਅਸਲੀ ਸੋਧਿਆ। ਪਲ-ਤੇ:ਪੋਲਾ ਬੋਲੋ।(ਪਲਤੇ) ਸਾੜ ਦਿੰਦਾ ਹੈ। ਚੱਬੇ। ਤੱਤਾ	Chabae Thathaa Loh Saar Vich Sanghai Palathae ||	If someone chews on red-hot iron, his throat will be burned.	ਜੇ ਕੋਈ ਤੱਤਾ ਤੇ ਕਰੜਾ ਲੋਹਾ ਚੱਬੇ ਤਾਂ ਉਹ ਸੰਘ ਵਿਚ ਹੀ ਚੁੱਭ ਜਾਂਦਾ ਹੈ।
14468	317	ਘਤਿ ਗਲਾਵਾਂ ਚਾਲਿਆ ਤਿਨਿ ਦੂਤਿ ਅਮਲ ਤੇ॥	(ਗਲਾਵਾਂ) ਫਾਹਾ। (ਘੱਤਿ) ਪੌਣ ਤੋਂ। ਅਮਲ: ਪੋਲਾ ਬੋਲੋ ਮਿਲਵਾਂ।(ਅਮਲ) ਮੰਦ ਕਰਮਾਂ (ਤੇ) ਅਨੁਸਾਰ	Ghath Galaavaan Chaaliaa Thin Dhooth Amal Thae ||	The halter is put around his neck and he is led away, because of the evil deeds he has done.	ਉਹ ਜਮਦੂਤ (ਉਹਨਾਂ ਖੋਟੇ) ਕਰਮਾਂ ਦੇ ਕਾਰਨ ਗਲ ਵਿਚ ਰੱਸਾ ਪਾ ਕੇ (ਭਾਵ, ਨਿਰਾਦਰੀ ਦਾ ਵਰਤਾਉ ਕਰ ਕੇ) ਅੱਗੇ ਲਾ ਲੈਂਦਾ ਹੈ।
14469	317	ਕਾਈ ਆਸ ਨ ਪੁੰਨੀਆ ਨਿਤ ਪਰ ਮਲੁ ਹਿਰਤੇ॥	(ਪੁੰਨੀਆ) ਪੂਰੀ ਹੋਈ। (ਪਰ) ਪਰਾਈ। ਮਲੁ:ਪੋਲਾ ਬੋਲੋ। (ਮਲੁ) ਮੈਲ਼ ਨਿੰਦਾ। (ਹਿਰਤੇ) ਚੁਰਾਉਂਦੇ ਭਾਵ ਪਰਾਈ ਨਿੰਦਾ ਕਰਦੇ ਹਨ	Kaaee Aas N Punneeaa Nith Par Mal Hirathae ||	None of his desires are fulfilled; he continually steals the filth of others.	ਸਦਾ ਪਰਾਈ ਮੈਲ ਚੁਰਾਉਂਦੇ ਦੀ (ਭਾਵ, ਨਿੰਦਾ ਕਰ ਕੇ ਸਦਾ ਪਰਾਏ ਪਾਪ ਸਿਰ ਤੇ ਲੈਂਦੇ ਦੀ) ਕੋਈ ਆਸ ਭੀ ਪੂਰੀ ਨਹੀਂ ਹੁੰਦੀ (ਲੋਕ ਤੇ ਪਰਲੋਕ ਦੋਵੇਂ ਜ਼ਾਇਆ ਜਾਂਦੇ ਹਨ)।

14470	317	ਕੀਆ ਨ ਜਾਣੈ ਅਕਿਰਤਘਣ ਵਿਚਿ ਜੋਨੀ ਫਿਰਤੇ॥	ਅ-ਕਿਰਤਘਣ	Keeaa N Jaanai Akirathaghan Vich Jonee Firathae ||	The ungrateful wretch does not appreciate what he has been given; he wanders lost in reincarnation.	ਜੂਨਾਂ ਵਿਚ ਭਟਕਦਾ ਭਟਕਦਾ ਉਹ ਅਕਿਰਤਘਣ ਪ੍ਰਭੂ ਦਾ ਉਪਕਾਰ ਨਹੀਂ ਸਮਝਦਾ (ਕਿ ਉਸ ਨੇ ਮਿਹਰ ਕਰ ਕੇ ਮਨੁੱਖਾ ਜਨਮ ਬਖ਼ਸ਼ਿਆ ਹੈ),
14471	317	ਸਭੇ ਧਿਰਾਂ ਨਿਖੁਟੀਅਸੁ ਹਿਰਿ ਲਈਅਸੁ ਧਰ ਤੇ॥	(ਧਿਰਾਂ)ਆਸਰੇ। (ਨਿ-ਖੁੱਟੀਅਸੁ) ਮੁੱਕ ਗਈਆਂ। (ਹਿਰਿ) ਚੁੱਕ (ਲਈ-ਅਸੁ) ਲਿਆ (ਧਰ) ਧਰਤੀ (ਤੇ) ਤੋਂ	Sabhae Dhhiraan Nikhutteeas Hir Leeas Dhhar Thae ||	He loses all support, when the Support of the Lord is taken away from him.	(ਨਿੰਦਾ ਆਦਿਕ ਦੇ ਸਾਰੇ ਦਾਉ-ਪੇਚਾਂ ਦੇ) ਉਸ ਦੇ ਸਾਰੇ ਤਾਣ ਜਦੋਂ ਮੁੱਕ ਜਾਂਦੇ ਹਨ, ਤਾਂ (ਫਲ ਭੋਗਣ ਲਈ) ਪ੍ਰਭੂ ਉਸ ਨੂੰ ਧਰਤੀ ਤੋਂ ਚੁੱਕ ਲੈਂਦਾ ਹੈ।
14472	317	ਵਿਝਣ ਕਲਹ ਨ ਦੇਵਦਾ ਤਾਂ ਲਇਆ ਕਰਤੇ॥	(ਵਿਝਣ) ਮਿਟਣ।(ਕਲਹ) ਲੜਾਈ। (ਲ-ਇਆ) ਮਾਰ ਲਿਆ	Vijhan Kaleh N Dhaevadhaa Thaan Laeiaa Karathae ||	He does not let the embers of strife die down, and so the Creator destroys him.	ਜਦੋਂ (ਚਾਰੇ ਬੰਨੇ) ਝਗੜੇ ਨੂੰ (ਅਕਿਰਤਘਣ) ਮੁੱਕਣ ਨਹੀਂ ਦੇਂਦਾ (ਭਾਵ, ਅੱਤ ਕਰ ਦੇਂਦਾ ਹੈ) ਤਾਂ ਕਰਤਾਰ (ਉਸ ਨੂੰ) ਉਠਾ ਲੈਂਦਾ ਹੈ।
14473	317	ਜੋ ਜੋ ਕਰਤੇ ਅਹੰਮੇਉ ਝੜਿ ਧਰਤੀ ਪੜਤੇ॥੩੨॥	(ਅਹੰ-ਮੇਉ) ਹੰਕਾਰ। ਪੜਤੇ ੜ ਹਲੰਤ ਨ ਲਾਉ	Jo Jo Karathae Ahanmaeo Jharr Dhharathee Parrathae ||32||	Those who indulge in egotism crumble and fall to the ground. ||32||	(ਮੁੱਕਦੀ ਗੱਲ ਇਹ ਕਿ) ਜੋ ਜੋ ਮਨੁੱਖ ਅਹੰਕਾਰ ਕਰਦੇ ਹਨ ਉਹ ਢਹਿ ਕੇ ਭੋਇੰ ਤੇ ਡਿੱਗਦੇ ਹਨ ॥੩੨॥
14474	317	ਸਲੋਕ ਮਃ ੩॥		Salok Ma 3 ||	Shalok, Third Mehl:	
14475	317	ਗੁਰਮੁਖਿ ਗਿਆਨੁ ਬਿਬੇਕ ਬੁਧਿ ਹੋਇ॥		Guramukh Giaan Bibaek Budhh Hoe ||	The Gurmukh is blessed with spiritual wisdom and a discerning intellect.	ਜੋ ਮਨੁੱਖ ਸਤਿਗੁਰੂ ਦੇ ਸਨਮੁਖ ਰਹਿੰਦਾ ਹੈ, ਉਸ ਵਿਚ ਗਿਆਨ ਤੇ ਵਿਚਾਰ ਵਾਲੀ ਅਕਲਿ ਹੁੰਦੀ ਹੈ।

14476	317	ਹਰਿ ਗੁਣ ਗਾਵੈ ਹਿਰਦੈ ਹਾਰੁ ਪਰੋਇ॥		Har Gun Gaavai Hiradhai Haar Paroe ||	He sings the Glorious Praises of the Lord, and weaves this garland into his heart.	ਉਹ ਹਰੀ ਦੇ ਗੁਣ ਗਾਉਂਦਾ ਹੈ ਤੇ ਹਿਰਦੇ ਵਿਚ (ਗੁਣਾਂ ਦਾ) ਹਾਰ ਪ੍ਰੋ ਲੈਂਦਾ ਹੈ।
14477	317	ਪਵਿਤੁ ਪਾਵਨੁ ਪਰਮ ਬੀਚਾਰੀ॥		Pavith Paavan Param Beechaaree ||	He becomes the purest of the pure, a being of supreme understanding.	(ਆਚਰਨ ਦਾ) ਬੜਾ ਸੁੱਧ ਤੇ ਉੱਚੀ ਮਤਿ ਵਾਲਾ ਹੁੰਦਾ ਹੈ।
14478	317	ਜਿ ਓਸੁ ਮਿਲੈ ਤਿਸੁ ਪਾਰਿ ਉਤਾਰੀ॥		J Ous Milai This Paar Outhaaree ||	Whoever he meets, he saves and carries across.	ਜੋ ਮਨੁੱਖ ਉਸ ਦੀ ਸੰਗਤਿ ਕਰਦਾ ਹੈ ਉਸ ਨੂੰ ਭੀ ਉਹ (ਸੰਸਾਰ-ਸਾਗਰ ਤੋਂ) ਪਾਰ ਉਤਾਰ ਲੈਂਦਾ ਹੈ।
14479	317	ਅੰਤਰਿ ਹਰਿ ਨਾਮੁ ਬਾਸਨਾ ਸਮਾਣੀ॥	(ਬਾਸਨਾ) ਸੁਗੰਧੀ	Anthar Har Naam Baasanaa Samaanee ||	The fragrance of the Lord's Name permeates his being deep within.	ਉਸ ਮਨੁੱਖ ਦੇ ਹਿਰਦੇ ਵਿਚ ਹਰੀ ਦੇ ਨਾਮ (ਰੂਪੀ) ਸੁਗੰਧੀ ਸਮਾਈ ਹੋਈ ਹੁੰਦੀ ਹੈ,
14480	317	ਹਰਿ ਦਰਿ ਸੋਭਾ ਮਹਾ ਉਤਮ ਬਾਣੀ॥		Har Dhar Sobhaa Mehaa Outham Baanee ||	He is honored in the Court of the Lord, and his speech is the most sublime.	(ਜਿਸ ਕਰਕੇ) ਉਸ ਦੀ ਬੜੀ ਉੱਤਮ ਬੋਲੀ ਤੇ ਹਰੀ ਦੀ ਦਰਗਾਹ ਵਿਚ ਸੋਭਾ ਹੁੰਦੀ ਹੈ।
14481	317	ਜਿ ਪੁਰਖੁ ਸੁਣੈ ਸੋ ਹੋਇ ਨਿਹਾਲੁ॥		J Purakh Sunai S Hoe Nihaal ||	Those who hear him are delighted.	ਜੋ ਮਨੁੱਖ (ਉਸ ਬੋਲੀ ਨੂੰ) ਸੁਣਦਾ ਹੈ, ਉਹ ਪਰਸੰਨ ਹੁੰਦਾ ਹੈ।

14482	317	ਨਾਨਕ ਸਤਿਗੁਰ ਮਿਲਿਐ ਪਾਇਆ ਨਾਮੁ ਧਨੁ ਮਾਲੁ॥੧॥		Naanak Sathigur Miliai Paaeiaa Naam Dhhan Maal ||1||	O Nanak, meeting the True Guru, one obtains the wealth and property of the Naam. ||1||	ਹੇ ਨਾਨਕ! ਸਤਿਗੁਰੂ ਨੂੰ ਮਿਲ ਕੇ ਉਸ ਨੇ ਇਹ ਨਾਮ (ਰੂਪ) ਖ਼ਜ਼ਾਨਾ ਪ੍ਰਾਪਤ ਕੀਤਾ ਹੋਇਆ ਹੁੰਦਾ ਹੈ ॥੧॥
14483	317	ਮਃ ੪॥		Ma 4 ||	Fourth Mehl:	
14484	317	ਸਤਿਗੁਰ ਕੇ ਜੀਅ ਕੀ ਸਾਰ ਨ ਜਾਪੈ ਕਿ ਪੂਰੈ ਸਤਿਗੁਰ ਭਾਵੈ॥	(ਸਾਰ) ਖਬਰ	Sathigur Kae Jeea Kee Saar N Jaapai K Poorai Sathigur Bhaavai ||	The sublime state of the True Guru is not known; no one knows what pleases the Perfect True Guru.	ਸਤਿਗੁਰੂ ਦੇ ਹਿਰਦੇ ਦਾ ਭੇਤ ਮਨੁੱਖ ਦੀ ਸਮਝ ਵਿਚ ਨਹੀਂ ਪੈ ਸਕਦਾ ਕਿ ਸਤਿਗੁਰੂ ਨੂੰ ਕੀਹ ਚੰਗਾ ਲੱਗਦਾ ਹੈ (ਸੋ ਇਸ ਤਰ੍ਹਾਂ ਸਤਿਗੁਰੂ ਦੀ ਪ੍ਰਸੰਨਤਾ ਹਾਸਲ ਕਰਨੀ ਕਠਨ ਹੈ);
14485	317	ਗੁਰਸਿਖਾਂ ਅੰਦਰਿ ਸਤਿਗੁਰੂ ਵਰਤੈ ਜੋ ਸਿਖਾਂ ਨੋ ਲੋਚੈ ਸੋ ਗੁਰ ਖੁਸੀ ਆਵੈ॥		Gurasikhaan Andhar Sathiguroo Varathai Jo Sikhaan No Lochai So Gur Khusee Aavai ||	Deep within the hearts of His GurSikhs, the True Guru is pervading. The Guru is pleased with those who long for His Sikhs.	(ਪਰ ਹਾਂ) ਸਤਿਗੁਰੂ ਸੱਚੇ ਸਿੱਖਾਂ ਦੇ ਹਿਰਦੇ ਵਿਚ ਵਿਆਪਕ ਹੈ, ਜੋ ਮਨੁੱਖ ਉਹਨਾਂ ਦੀ (ਸੇਵਾ ਦੀ) ਤਾਂਘ ਕਰਦਾ ਹੈ ਉਹ ਸਤਿਗੁਰੂ ਪ੍ਰਸੰਨਤਾ ਦੇ (ਹਲਕੇ) ਵਿਚ ਆ ਜਾਂਦਾ ਹੈ,

14486	317	ਸਤਿਗੁਰੁ ਆਖੈ ਸੋ ਕਾਰ ਕਮਾਵਨਿ ਸੁ ਜਪੁ ਕਮਾਵਹਿ ਗੁਰਸਿਖਾਂ ਕੀ ਘਾਲ ਸਚਾ ਥਾਇ ਪਾਵੈ॥	ਕਮਾਵ-ਹਿ	Sathigur Aakhai S Kaar Kamaavan S Jap Kamaavehi Gurasikhaan Kee Ghaal Sachaa Thhaae Paavai ||	As the True Guru directs them, they do their work and chant their prayers. The True Lord accepts the service of His GurSikhs.	(ਕਿਉਂਕਿ) ਜੋ ਆਗਿਆ ਸਤਿਗੁਰੂ ਦੇਂਦਾ ਹੈ ਉਹੋ ਕੰਮ ਗੁਰਸਿੱਖ ਕਰਦੇ ਹਨ, ਉਹੋ ਭਜਨ ਕਰਦੇ ਹਨ, ਸੱਚਾ ਪ੍ਰਭੂ ਸਿੱਖਾਂ ਦੀ ਮਿਹਨਤ ਕਬੂਲ ਕਰਦਾ ਹੈ।
14487	317	ਵਿਣੁ ਸਤਿਗੁਰ ਕੇ ਹੁਕਮੈ ਜਿ ਗੁਰਸਿਖਾਂ ਪਾਸਹੁ ਕੰਮੁ ਕਰਾਇਆ ਲੋੜੇ ਤਿਸੁ ਗੁਰਸਿਖੁ ਫਿਰਿ ਨੇੜਿ ਨ ਆਵੈ॥		Vin Sathigur Kae Hukamai J Gurasikhaan Paasahu Kanm Karaaeiaa Lorrae This Gurasikh Fir Naerr N Aavai ||	But those who want the GurSikhs to work for them, without the Order of the True Guru - the Guru's Sikhs shall not come near them again.	ਜੋ ਮਨੁੱਖ ਸਤਿਗੁਰੂ ਦੇ ਆਸ਼ੇ ਦੇ ਵਿਰੁੱਧ ਗੁਰਸਿੱਖਾਂ ਪਾਸੋਂ ਕੰਮ ਕਰਾਣਾ ਚਾਹੇ, ਗੁਰੂ ਦਾ ਸਿੱਖ ਫੇਰ ਉਸ ਦੇ ਨੇੜੇ ਨਹੀਂ ਢੁਕਦਾ,
14488	317	ਗੁਰ ਸਤਿਗੁਰ ਅਗੈ ਕੋ ਜੀਉ ਲਾਇ ਘਾਲੈ ਤਿਸੁ ਅਗੈ ਗੁਰਸਿਖੁ ਕਾਰ ਕਮਾਵੈ॥		Gur Sathigur Agai Ko Jeeo Laae Ghaalai This Agai Gurasikh Kaar Kamaavai ||	One who works diligently for the Guru, the True Guru - the GurSikhs work for him.	(ਪਰ) ਜੋ ਮਨੁੱਖ ਸਤਿਗੁਰੂ ਦੀ ਹਜ਼ੂਰੀ ਵਿਚ ਚਿੱਤ ਜੋੜ ਕੇ (ਸੇਵਾ ਦੀ ਘਾਲ) ਘਾਲੇ, ਗੁਰਸਿੱਖ ਉਸ ਦੀ ਕਾਰ ਕਮਾਉਂਦਾ ਹੈ।

14489	317	ਜਿ ਠਗੀ ਆਵੈ ਠਗੀ ਉਠਿ ਜਾਇ ਤਿਸੁ ਨੇੜੈ ਗੁਰਸਿਖੁ ਮੂਲਿ ਨ ਆਵੈ॥	ਠੱਗੀ	J Thagee Aavai Thagee Outh Jaae This Naerrai Gurasikh Mool N Aavai ||	One who comes to deceive, who rises up and goes out to deceive - the GurSikhs shall never come near him.	ਜੋ ਮਨੁੱਖ ਫ਼ਰੇਬ ਕਰਨ ਆਉਂਦਾ ਹੈ ਤੇ ਫ਼ਰੇਬ ਦੇ ਖ਼ਿਆਲ ਵਿਚ ਚਲਾ ਜਾਂਦਾ ਹੈ, ਉਸ ਦੇ ਨੇੜੇ ਗੁਰੂ ਕਾ ਸਿੱਖ ਉੱਕਾ ਹੀ ਨਹੀਂ ਆਉਂਦਾ।
14490	317	ਬ੍ਰਹਮੁ ਬੀਚਾਰੁ ਨਾਨਕੁ ਆਖਿ ਸੁਣਾਵੈ॥		Breham Beechaar Naanak Aakh Sunaavai ||	Nanak proclaims and announces this wisdom of God.	ਨਾਨਕ ਆਖ ਕੇ ਸੁਣਾਂਦਾ ਹੈ (ਭਾਵ, ਜ਼ੋਰ ਦੇ ਕੇ ਸੁਣਾਂਦਾ ਹੈ ਕਿ) ਨਿਰੋਲ ਸੱਚੀ ਵਿਚਾਰ (ਦੀ ਗੱਲ ਇਹ ਹੈ ਕਿ)
14491	317	ਜਿ ਵਿਣੁ ਸਤਿਗੁਰ ਕੇ ਮਨੁ ਮੰਨੇ ਕੰਮੁ ਕਰਾਏ ਸੋ ਜੰਤੁ ਮਹਾ ਦੁਖੁ ਪਾਵੈ॥੨॥		J Vin Sathigur Kae Man Mannae Kanm Karaaeae So Janth Mehaa Dhukh Paavai ||2||	One who is not pleasing to the Mind of the True Guru may do his deeds, but that being will only suffer in terrible pain. ||2||	ਸਤਿਗੁਰੂ ਦਾ ਮਨ ਪਤੀਜਣ ਤੋਂ ਬਿਨਾ (ਭਾਵ, ਗੁਰ-ਅਸ਼ੇ ਦੇ ਵਿਰੁੱਧ) ਜੋ ਮਨੁੱਖ (ਠੱਗੀ ਆਦਿਕ ਕਰ ਕੇ ਗੁਰਸਿੱਖਾਂ ਪਾਸੋਂ) ਕੰਮ ਕਰਾਏ (ਭਾਵ, ਆਪਣੀ ਸੇਵਾ ਕਰਾਏ), ਉਹ ਬੜਾ ਦੁੱਖ ਪਾਉਂਦਾ ਹੈ ॥੨॥
14492	317	ਪਉੜੀ॥		Pourree ||	Pauree:	
14493	317	ਤੂੰ ਸਚਾ ਸਾਹਿਬੁ ਅਤਿ ਵਡਾ ਤੁਹਿ ਜੇਵਡੁ ਤੂੰ ਵਡ ਵਡੇ॥	ਵੱਡਾ ਜੇਵੱਡੁ ਵੱਡ ਵੱਡੇ	Thoon Sachaa Saahib Ath Vaddaa Thuhi Jaevadd Thoon Vadd Vaddae ||	O True Lord and Master, You are so very great. As great as You are, You are the greatest of the great.	ਹੇ ਵੱਡਿਆਂ ਤੋਂ ਵੱਡੇ! ਤੂੰ ਸੱਚਾ ਮਾਲਕ ਤੇ ਬੜਾ ਵੱਡਾ ਹੈਂ, ਆਪਣੇ ਜੇਡਾ ਤੂੰ ਆਪ ਹੀ ਹੈਂ।

14494	317	ਜਿਸੁ ਤੂੰ ਮੇਲਹਿ ਸੋ ਤੁਧੁ ਮਿਲੈ ਤੂੰ ਆਪੇ ਬਖਸਿ ਲੈਹਿ ਲੇਖਾ ਛਡੇ॥		Jis Thoon Maelehi So Thudhh Milai Thoon Aapae Bakhas Laihi Laekhaa Shhaddae ||	He alone is united with You, whom You unite with Yourself. You Yourself bless and forgive us, and tear up our accounts.	ਓਹੀ ਮਨੁੱਖ ਤੈਨੂੰ ਮਿਲਦਾ ਹੈ, ਜਿਸ ਨੂੰ ਤੂੰ ਆਪ ਮੇਲਦਾ ਹੈਂ ਤੇ ਜਿਸ ਦਾ ਲੇਖਾ ਛੱਡ ਕੇ ਤੂੰ ਆਪ ਬਖ਼ਸ਼ ਲੈਂਦਾ ਹੈਂ।
14495	317	ਜਿਸ ਨੋ ਤੂੰ ਆਪਿ ਮਿਲਾਇਦਾ ਸੋ ਸਤਿਗੁਰੁ ਸੇਵੇ ਮਨੁ ਗਡ ਗਡੇ॥	ਗੱਡ ਗੱਡੇ	Jis No Thoon Aap Milaaeidhaa So Sathigur Saevae Man Gadd Gaddae ||	One whom You unite with Yourself, whole-heartedly serves the True Guru.	ਜਿਸ ਨੂੰ ਤੂੰ ਆਪ ਮਿਲਾਉਂਦਾ ਹੈਂ ਉਹੋ ਹੀ ਮਨ ਗੱਡ ਕੇ ਸਤਿਗੁਰੂ ਦੀ ਸੇਵਾ ਕਰਦਾ ਹੈ।
14496	317	ਤੂੰ ਸਚਾ ਸਾਹਿਬੁ ਸਚੁ ਤੂ ਸਭੁ ਜੀਉ ਪਿੰਡੁ ਚੰਮੁ ਤੇਰਾ ਹਡੇ॥	ਹੱਡੇ	Thoon Sachaa Saahib Sach Thoo Sabh Jeeo Pindd Chanm Thaeraa Haddae ||	You are the True One, the True Lord and Master; my soul, body, flesh and bones are all Yours.	ਤੂੰ ਸੱਚਾ ਮਾਲਕ ਹੈਂ, ਸਦਾ-ਥਿਰ ਰਹਿਣ ਵਾਲਾ ਹੈਂ, ਜੀਵਾਂ ਦਾ ਸਭ ਕੁਝ-ਜਿੰਦ, ਸਰੀਰ, ਚੰਮ, ਹੱਡ-ਤੇਰਾ ਬਖ਼ਸ਼ਿਆ ਹੋਇਆ ਹੈ।
14497	317	ਜਿਉ ਭਾਵੈ ਤਿਉ ਰਖੁ ਤੂੰ ਸਚਿਆ ਨਾਨਕ ਮਨਿ ਆਸ ਤੇਰੀ ਵਡ ਵਡੇ॥੩੩॥੧॥ ਸੁਧੁ॥	ਸੁੱਧੁ	Jio Bhaavai Thio Rakh Thoon Sachiaa Naanak Man Aas Thaeree Vadd Vaddae ||33||1|| Sudhh ||	If it pleases You, then save me, True Lord. Nanak places the hopes of his mind in You alone, O greatest of the great! ||33||1|| Sudh||	ਹੇ ਵੱਡਿਆਂ ਤੋਂ ਵੱਡੇ, ਸੱਚੇ ਪ੍ਰਭੂ! ਜਿਵੇਂ ਤੈਨੂੰ ਭਾਵੇ ਤਿਵੇਂ ਹੀ ਸਾਨੂੰ ਰੱਖ ਲੈ, ਨਾਨਕ ਦੇ ਮਨ ਵਿਚ ਤੇਰੀ ਹੀ ਆਸ ਹੈ ॥੩੩॥੧॥ਸੁਧੁ॥

14498	318	ਗਉੜੀ ਕੀ ਵਾਰ ਮਹਲਾ ੫		Gourree Kee Vaar Mehalaa 5	Gauree Kee Vaar, Fifth Mehl:	
14499	318	ਰਾਇ ਕਮਾਲਦੀ ਮੋਜਦੀ ਕੀ ਵਾਰ ਕੀ ਧੁਨਿ ਉਪਰਿ ਗਾਵਣੀ॥	ਕਮਾਲਦੀਂ ਮੋਜਦੀਂ	Raae Kamaaladhee Mojadhee Kee Vaar Kee Dhhun Oupar Gaavanee	Sung To The Tune Of Vaar Of Raa-I Kamaaldee-Mojadee:	ਇਹ 'ਵਾਰ' ਰਾਇ ਕਮਾਲਦੀ ਮੋਜਦੀ ਦੀ 'ਵਾਰ' ਦੀ ਸੁਰ ਤੇ ਗਾਉਣੀ ਹੈ। ਬਾਰ ਵਿਚ ਇਕ ਚੌਧਰੀ ਕਮਾਲੁੱਦੀਨ ਰਹਿੰਦਾ ਸੀ, ਉਸ ਨੇ ਆਪਣੇ ਭਰਾ ਸਾਰੰਗ ਨੂੰ ਜ਼ਹਿਰ ਕੇ ਕੇ ਮਾਰ ਦਿੱਤਾ, ਸਾਰੰਗ ਦਾ ਇਕ ਪੁੱਤ੍ਰ ਸੀ ਜੋ ਅਜੇ ਛੋਟਾ ਹੀ ਸੀ, ਜਿਸ ਦਾ ਨਾਮ ਮੁਆਜ਼ੁੱਦੀਨ ਸੀ। ਸਾਰੰਗ ਦੀ ਵਹੁਟੀ ਆਪਣੇ ਇਸ ਪੁੱਤ੍ਰ ਨੂੰ ਲੈ ਕੇ ਪੇਕੇ ਚਲੀ ਗਈ। ਜਦੋਂ ਇਹ ਵੱਡਾ ਹੋਇਆ ਤਾਂ ਨਾਨਕੀ ਫ਼ੌਜ ਲੈ ਕੇ ਕਮਾਲੁੱਦੀਨ ਨਾਲ ਆ ਲੜਿਆ। ਕਮਾਲੁੱਦੀਨ ਮਾਰਿਆ ਗਿਆ। ਇਹ ਸਾਰੀ ਵਾਰਤਾ ਢਾਢੀਆਂ ਨੇ 'ਵਾਰ' ਵਿਚ ਗਾਵੀਂ। ਇਸ 'ਵਾਰ' ਦੀ ਚਾਲ ਦਾ ਨਮੂਨਾ ਇਉਂ ਹੈ: 'ਰਾਣਾ ਰਾਇ ਕਮਾਲ ਦੀਂ ਰਣ ਭਾਰਾ ਬਾਹੀਂ ॥ ਮੋਜੁੱਦੀਂ ਤਲਵੰਡੀਓਂ ਚੜਿਆ ਸਾਬਾਹੀ' ॥

14500	318	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
14501	318	ਸਲੋਕ ਮਃ ੫॥		Salok Ma 5 ||	Shalok, Fifth Mehl:	
14502	318	ਹਰਿ ਹਰਿ ਨਾਮੁ ਜੋ ਜਨੁ ਜਪੈ ਸੋ ਆਇਆ ਪਰਵਾਣੁ॥		Har Har Naam Jo Jan Japai So Aaeiaa Paravaan ||	Auspicious and approved is the birth of that humble being who chants the Name of the Lord, Har, Har.	ਜੋ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ ਉਸ ਦਾ (ਜਗਤ ਵਿਚ) ਆਉਣਾ ਸਫਲ (ਸਮਝੋ)।
14503	318	ਤਿਸੁ ਜਨ ਕੈ ਬਲਿਹਾਰਣੈ ਜਿਨਿ ਭਜਿਆ ਪ੍ਰਭੁ ਨਿਰਬਾਣੁ॥	(ਨਿਰਬਾਣੁ) ਨਿਰਲੇਪ। ਭਜਿਆ: ਪੋਲਾ ਬੋਲੋ	This Jan Kai Balihaaranai Jin Bhajiaa Prabh Nirabaan ||	I am a sacrifice to that humble being who vibrates and meditates on God, the Lord of Nirvaanaa.	ਜਿਸ ਮਨੁੱਖ ਨੇ ਵਾਸ਼ਨਾ-ਰਹਿਤ ਪ੍ਰਭੂ ਨੂੰ ਸਿਮਰਿਆ ਹੈ, ਮੈਂ ਉਸ ਤੋਂ ਸਦਕੇ ਹਾਂ।
14504	318	ਜਨਮ ਮਰਨ ਦੁਖੁ ਕਟਿਆ ਹਰਿ ਭੇਟਿਆ ਪੁਰਖੁ ਸੁਜਾਣੁ॥		Janam Maran Dhukh Kattiaa Har Bhaettiaa Purakh Sujaan ||	The pains of birth and death are eradicated, upon meeting the All-knowing Lord, the Primal Being.	ਉਸ ਨੂੰ ਸੁਜਾਨ ਅਕਾਲ ਪੁਰਖ ਮਿਲ ਪਿਆ ਹੈ, ਤੇ ਉਸ ਦਾ ਸਾਰੀ ਉਮਰ ਦਾ ਦੁੱਖ-ਕਲੇਸ਼ ਦੂਰ ਹੋ ਗਿਆ ਹੈ।

14505	318	ਸੰਤ ਸੰਗਿ ਸਾਗਰੁ ਤਰੇ ਜਨ ਨਾਨਕ ਸਚਾ ਤਾਣੁ॥੧॥		Santh Sang Saagar Tharae Jan Naanak Sachaa Thaan ||1||	In the Society of the Saints, he crosses over the world-ocean; O servant Nanak, he has the strength and support of the True Lord. ||1||	ਹੇ ਦਾਸ ਨਾਨਕ! ਉਸ ਨੂੰ ਇਕ ਸੱਚੇ ਪ੍ਰਭੂ ਦਾ ਹੀ ਆਸਰਾ ਹੈ, ਉਸ ਨੇ ਸਤਸੰਗ ਵਿਚ ਰਹਿ ਕੇ ਸੰਸਾਰ-ਸਮੁੰਦਰ ਤਰ ਲਿਆ ਹੈ ॥੧॥
14506	318	ਮਃ ੫॥		Ma 5 ||	Fifth Mehl:	
14507	318	ਭਲਕੇ ਉਠਿ ਪਰਾਹੁਣਾ ਮੇਰੈ ਘਰਿ ਆਵਉ॥	(ਭਲਕੇ) ਹਰ ਰੋਜ਼। (ਪਰਾਹੁਣਾ) ਸੰਤ ਜਨ	Bhalakae Outh Paraahunaa Maerai Ghar Aavo ||	I rise up in the early morning hours, and the Holy Guest comes into my home.	ਜੇ ਸਵੇਰੇ ਉੱਠ ਕੇ ਕੋਈ (ਗੁਰਮੁਖ) ਪਰਾਹੁਣਾ ਮੇਰੇ ਘਰ ਆਵੇ,
14508	318	ਪਾਉ ਪਖਾਲਾ ਤਿਸ ਕੇ ਮਨਿ ਤਨਿ ਨਿਤ ਭਾਵਉ॥		Paao Pakhaalaa This Kae Man Than Nith Bhaavo ||	I wash His feet; He is always pleasing to my mind and body.	ਮੈਂ ਉਸ ਗੁਰਮੁਖ ਦੇ ਪੈਰ ਧੋਵਾਂ; ਮੇਰੇ ਮਨ ਵਿਚ ਮੇਰੇ ਤਨ ਵਿਚ ਉਹ ਸਦਾ ਪਿਆਰਾ ਲੱਗੇ।
14509	318	ਨਾਮੁ ਸੁਣੇ ਨਾਮੁ ਸੰਗ੍ਰਹੈ ਨਾਮੇ ਲਿਵ ਲਾਵਉ॥	(ਸੰ-ਗ੍ਰਹੈ) ਇਕੱਠਾ ਕਰੇ	Naam Sunae Naam Sangrehai Naamae Liv Laavo ||	I hear the Naam, and I gather in the Naam; I am lovingly attuned to the Naam.	ਉਹ ਗੁਰਮੁਖ (ਨਿੱਤ) ਨਾਮ ਸੁਣੇ, ਨਾਮ-ਧਨ ਇਕੱਠਾ ਕਰੇ ਤੇ ਨਾਮ ਵਿਚ ਹੀ ਸੁਰਤਿ ਜੋੜੀ ਰੱਖੇ।
14510	318	ਗ੍ਰਿਹੁ ਧਨੁ ਸਭੁ ਪਵਿਤ੍ਰੁ ਹੋਇ ਹਰਿ ਕੇ ਗੁਣ ਗਾਵਉ॥		Grihu Dhhan Sabh Pavithra Hoe Har Kae Gun Gaavo ||	My home and wealth are totally sanctified as I sing the Glorious Praises of the Lord.	(ਉਸ ਦੇ ਆਉਣ ਨਾਲ, ਮੇਰਾ) ਸਾਰਾ ਘਰ ਪਵਿੱਤ੍ਰ ਹੋ ਜਾਏ, ਮੈਂ ਭੀ (ਉਸ ਦੀ ਬਰਕਤਿ ਨਾਲ) ਪ੍ਰਭੂ ਦੇ ਗੁਣ ਗਾਣ ਲੱਗ ਪਵਾਂ।

14511	318	ਹਰਿ ਨਾਮ ਵਾਪਾਰੀ ਨਾਨਕਾ ਵਡਭਾਗੀ ਪਾਵਉ॥੨॥		Har Naam Vaapaaree Naanakaa Vaddabhaagee Paavo ||2||	The Trader in the Lord's Name, O Nanak, is found by great good fortune. ||2||	(ਪਰ,) ਹੇ ਨਾਨਕ! ਅਜੇਹਾ ਪ੍ਰਭੂ-ਨਾਮ ਦਾ ਵਪਾਰੀ ਵੱਡੇ ਭਾਗਾਂ ਨਾਲ ਹੀ ਕਿਤੇ ਮੈਨੂੰ ਮਿਲ ਸਕਦਾ ਹੈ ॥੨॥
14512	318	ਪਉੜੀ॥		Pourree ||	Pauree:	
14513	318	ਜੋ ਤੁਧੁ ਭਾਵੈ ਸੋ ਭਲਾ ਸਚੁ ਤੇਰਾ ਭਾਣਾ॥		Jo Thudhh Bhaavai So Bhalaa Sach Thaeraa Bhaanaa ||	Whatever pleases You is good; True is the Pleasure of Your Will.	ਹੇ ਸਦਾ-ਥਿਰ ਰਹਿਣ ਵਾਲੇ ਪ੍ਰਭੂ! ਜੋ ਮਨੁੱਖ ਤੈਨੂੰ ਭਾਉਂਦਾ ਹੈ ਜਿਸ ਨੂੰ ਤੇਰਾ ਭਾਣਾ ਭਾਉਂਦਾ ਹੈ ਉਹ ਭਲਾ ਹੈ।
14514	318	ਤੂ ਸਭ ਮਹਿ ਏਕੁ ਵਰਤਦਾ ਸਭ ਮਾਹਿ ਸਮਾਣਾ॥		Thoo Sabh Mehi Eaek Varathadhaa Sabh Maahi Samaanaa ||	You are the One, pervading in all; You are contained in all.	ਤੂੰ ਹੀ ਸਭ ਜੀਵਾਂ ਵਿਚ ਵਿਆਪਕ ਹੈਂ, ਸਭ ਵਿਚ ਸਮਾਇਆ ਹੋਇਆ ਹੈਂ, ਤੂੰ ਹਰੇਕ ਥਾਂ ਵਿਚ ਮੌਜੂਦ ਹੈਂ।
14515	318	ਥਾਨ ਥਨੰਤਰਿ ਰਵਿ ਰਹਿਆ ਜੀਅ ਅੰਦਰਿ ਜਾਣਾ॥		Thhaan Thhananthar Rav Rehiaa Jeea Andhar Jaanaa ||	You are diffused throughout and permeating all places and interspaces; You are known to be deep within the hearts of all beings.	ਸਭ ਜੀਵਾਂ ਵਿਚ ਤੂੰ ਹੀ ਜਾਣਿਆ ਜਾਂਦਾ ਹੈਂ (ਭਾਵ, ਸਭ ਜਾਣਦੇ ਹਨ ਕਿ ਸਭ ਜੀਵਾਂ ਵਿਚ ਤੂੰ ਹੀ ਹੈਂ)।

14516	318	ਸਾਧਸੰਗਿ ਮਿਲਿ ਪਾਈਐ ਮਨਿ ਸਚੇ ਭਾਣਾ॥		Saadhhasang Mil Paaeeai Man Sachae Bhaanaa ||	Joining the Saadh Sangat, the Company of the Holy, and submitting to His Will, the True Lord is found.	ਉਸ ਸਦਾ-ਥਿਰ ਰਹਿਣ ਵਾਲੇ ਦਾ ਭਾਣਾ ਮੰਨ ਕੇ ਸਤ-ਸੰਗ ਵਿਚ ਮਿਲ ਕੇ ਉਸ ਨੂੰ ਲੱਭ ਸਕੀਦਾ ਹੈ।
14517	318	ਨਾਨਕ ਪ੍ਰਭ ਸਰਣਾਗਤੀ ਸਦ ਸਦ ਕੁਰਬਾਣਾ॥੧॥		Naanak Prabh Saranaagathee Sadh Sadh Kurabaanaa ||1||	Nanak takes to the Sanctuary of God; he is forever and ever a sacrifice to Him. ||1||	ਹੇ ਨਾਨਕ! ਉਸ ਪ੍ਰਭੂ ਦੀ ਸ਼ਰਨ ਆ, ਉਸ ਤੋਂ ਸਦਾ ਹੀ ਸਦਕੇ ਹੋ ॥੧॥
14518	318	ਸਲੋਕ ਮਃ ੫॥		Salok Ma 5 ||	Shalok, Fifth Mehl:	
14519	318	ਚੇਤਾਈ ਤਾਂ ਚੇਤਿ ਸਾਹਿਬੁ ਸਚਾ ਸੋ ਧਣੀ॥	ਚੇਤਾਈ:ਪੋਲਾ ਬੋਲੋ। (ਚੇਤਾਈ) ਚੇਤਾ ਹੈ, ਬੁੱਧ ਹੈ	Chaethaa Ee Thaan Chaeth Saahib Sachaa So Dhhanee ||	If you are conscious, then be conscious of the True Lord, Your Lord and Master.	ਹੇ ਨਾਨਕ! ਜੇ ਤੈਨੂੰ ਚੇਤਾ ਹੈ ਕਿ ਉਹ ਪ੍ਰਭੂ-ਮਾਲਕ ਸਦਾ-ਥਿਰ ਰਹਿਣ ਵਾਲਾ ਹੈ ਤਾਂ ਉਸ ਮਾਲਕ ਨੂੰ ਸਿਮਰ (ਭਾਵ, ਤੈਨੂੰ ਪਤਾ ਭੀ ਹੈ ਕਿ ਸਿਰਫ਼ ਉਹ ਪ੍ਰਭੂ-ਮਾਲਕ ਹੀ ਸਦਾ-ਥਿਰ ਰਹਿਣ ਵਾਲਾ ਹੈ, ਫਿਰ ਉਸ ਨੂੰ ਕਿਉਂ ਨਹੀਂ ਸਿਮਰਦਾ?)
14520	318	ਨਾਨਕ ਸਤਿਗੁਰੁ ਸੇਵਿ ਚੜਿ ਬੋਹਿਥਿ ਭਉਜਲੁ ਪਾਰਿ ਪਉ॥੧॥	ਚੜ੍ਹਿ	Naanak Sathigur Saev Charr Bohithh Bhoujal Paar Po ||1||	O Nanak, come aboard upon the boat of the service of the True Guru, and cross over the terrifying world-ocean. ||1||	ਗੁਰੂ ਦੇ ਹੁਕਮ ਵਿਚ ਤੁਰ (ਗੁਰੂ ਦੇ ਹੁਕਮ-ਰੂਪ) ਜਹਾਜ਼ ਵਿਚ ਚੜ੍ਹ ਤੇ ਸੰਸਾਰ-ਸਮੁੰਦਰ ਨੂੰ ਲੰਘ ॥੧॥

14521	318	ਮਃ ੫॥		Ma 5 ||	Fifth Mehl:	
14522	318	ਵਾਉ ਸੰਦੇ ਕਪੜੇ ਪਹਿਰਹਿ ਗਰਬਿ ਗਵਾਰ॥	(ਵਾਉ) ਹਵਾ। (ਸੰਦੇ) ਦੇ। (ਗਰਬਿ) ਹੰਕਾਰ। ਪਹਿਰ-ਹਿ	Vaaoo Sandhae Kaparrae Pehirehi Garab Gavaar ||	He wears his body, like clothes of wind - what a proud fool he is!	ਮੂਰਖ ਮਨੁੱਖ ਸੋਹਣੇ ਸੋਹਣੇ ਬਾਰੀਕ ਕੱਪੜੇ ਬੜੀ ਆਕੜ ਨਾਲ ਪਹਿਨਦੇ ਹਨ,
14523	318	ਨਾਨਕ ਨਾਲਿ ਨ ਚਲਨੀ ਜਲਿ ਬਲਿ ਹੋਏ ਛਾਰੁ॥੨॥	(ਛਾਰੁ) ਸੁਆਹ	Naanak Naal N Chalanee Jal Bal Hoeae Shhaar ||2||	O Nanak, they will not go with him in the end; they shall be burnt to ashes. ||2||	ਪਰ ਹੇ ਨਾਨਕ! (ਮਰਨ ਤੇ ਇਹ ਕੱਪੜੇ ਜੀਵ ਦੇ) ਨਾਲ ਨਹੀਂ ਜਾਂਦੇ, (ਏਥੇ ਹੀ) ਸੜ ਕੇ ਸੁਆਹ ਹੋ ਜਾਂਦੇ ਹਨ ॥੨॥
14524	318	ਪਉੜੀ॥		Pourree ||	Pauree:	
14525	318	ਸੇਈ ਉਬਰੇ ਜਗੈ ਵਿਚਿ ਜੋ ਸਚੈ ਰਖੇ॥	ਜੱਗੈ। ਰੱਖੇ	Saeee Oubarae Jagai Vich Jo Sachai Rakhae ||	They alone are delivered from the world, who are preserved and protected by the True Lord.	(ਕਾਮਾਦਿਕ ਵਿਕਾਰਾਂ ਤੋਂ) ਜਗਤ ਵਿਚ ਉਹੀ ਮਨੁੱਖ ਬਚੇ ਹਨ ਜਿਨ੍ਹਾਂ ਨੂੰ ਸੱਚੇ ਪ੍ਰਭੂ ਨੇ ਰੱਖਿਆ ਹੈ।
14526	318	ਮੁਹਿ ਡਿਠੈ ਤਿਨ ਕੈ ਜੀਵੀਐ ਹਰਿ ਅੰਮ੍ਰਿਤੁ ਚਖੇ॥	ਚੱਖੇ	Muhi Ddithai Thin Kai Jeeveeai Har Anmrith Chakhae ||	I live by beholding the faces of those who taste the Ambrosial Essence of the Lord.	ਐਸੇ ਮਨੁੱਖਾਂ ਦਾ ਦਰਸ਼ਨ ਕਰ ਕੇ ਹਰਿ-ਨਾਮ ਅੰਮ੍ਰਿਤ ਚੱਖ ਸਕੀਦਾ ਹੈ ਤੇ (ਅਸਲ) ਜ਼ਿੰਦਗੀ ਮਿਲਦੀ ਹੈ।
14527	318	ਕਾਮੁ ਕ੍ਰੋਧੁ ਲੋਭੁ ਮੋਹੁ ਸੰਗਿ ਸਾਧਾ ਭਖੇ॥	(ਭੱਖੇ) ਖਾਧੇ, ਨਾਸ ਹੋਏ। ਸਾਧਾਂ	Kaam Krodhh Lobh Mohu Sang Saadhhaa Bhakhae ||	Sexual desire, anger, greed and emotional attachment are burnt away, in the Company of the Holy.	ਅਜੇਹੇ ਸਾਧੂ-ਜਨਾਂ ਦੀ ਸੰਗਤਿ ਵਿਚ (ਰਿਹਾਂ) ਕਾਮ ਕ੍ਰੋਧ ਲੋਭ ਮੋਹ (ਆਦਿਕ ਵਿਕਾਰ) ਨਾਸ ਹੋ ਜਾਂਦੇ ਹਨ।

14528	318	ਕਰਿ ਕਿਰਪਾ ਪ੍ਰਭਿ ਆਪਣੀ ਹਰਿ ਆਪਿ ਪਰਖੇ॥		Kar Kirapaa Prabh Aapanee Har Aap Parakhae ||	God grants His Grace, and the Lord Himself tests them.	ਜਿਨ੍ਹਾਂ ਉਤੇ ਪ੍ਰਭੂ ਨੇ ਆਪਣੀ ਮਿਹਰ ਕੀਤੀ ਹੈ ਉਹਨਾਂ ਨੂੰ ਉਸ ਨੇ ਆਪ ਹੀ ਪ੍ਰਵਾਨ ਕਰ ਲਿਆ ਹੈ।
14529	318	ਨਾਨਕ ਚਲਤ ਨ ਜਾਪਨੀ ਕੋ ਸਕੈ ਨ ਲਖੇ॥੨॥	ਲਖੇ: ਪੋਲਾ ਬੋਲੋ	Naanak Chalath N Jaapanee Ko Sakai N Lakhae ||2||	O Nanak, His play is not known; no one can understand it. ||2||	ਹੇ ਨਾਨਕ! ਪਰਮਾਤਮਾ ਦੇ ਕੌਤਕ ਸਮਝੇ ਨਹੀਂ ਜਾ ਸਕਦੇ, ਕੋਈ ਜੀਵ ਸਮਝ ਨਹੀਂ ਸਕਦਾ ॥੨॥
14530	318	ਸਲੋਕ ਮਃ ੫॥		Salok Ma 5 ||	Shalok, Fifth Mehl:	
14531	318	ਨਾਨਕ ਸੋਈ ਦਿਨਸੁ ਸੁਹਾਵੜਾ ਜਿਤੁ ਪ੍ਰਭੁ ਆਵੈ ਚਿਤਿ॥		Naanak Soee Dhinas Suhaavarraa Jith Prabh Aavai Chith ||	O Nanak, that day is beautiful, when God comes to mind.	ਹੇ ਨਾਨਕ! ਉਹੀ ਦਿਨ ਚੰਗਾ ਸੋਹਣਾ ਹੈ ਜਿਸ ਦਿਨ ਪਰਮਾਤਮਾ ਮਨ ਵਿਚ ਵੱਸੇ, ਜਿਸ ਦਿਨ ਪਰਮਾਤਮਾ ਵਿੱਸਰ ਜਾਂਦਾ ਹੈ,
14532	318	ਜਿਤੁ ਦਿਨਿ ਵਿਸਰੈ ਪਾਰਬ੍ਰਹਮੁ ਫਿਟੁ ਭਲੇਰੀ ਰੁਤਿ॥੧॥	(ਭਲੇਰੀ) ਭਲੀ	Jith Dhin Visarai Paarabreham Fitt Bhalaeree Ruth ||1||	Cursed is that day, no matter how pleasant the season, when the Supreme Lord God is forgotten. ||1||	ਉਹ ਸਮਾ ਮੰਦਾ ਜਾਣੋ, ਉਹ ਸਮਾ ਫਿਟਕਾਰ-ਜੋਗ ਹੈ ॥੧॥
14533	318	ਮਃ ੫॥		Ma 5 ||	Fifth Mehl:	

14534	318	ਨਾਨਕ ਮਿਤ੍ਰਾਈ ਤਿਸੁ ਸਿਉ ਸਭ ਕਿਛੁ ਜਿਸ ਕੈ ਹਾਥਿ॥	ਮਿੱਤ੍ਰਾਈ	Naanak Mithraaee This Sio Sabh Kishh Jis Kai Haathh ||	O Nanak, become friends with the One, who holds everything in His hands.	ਹੇ ਨਾਨਕ! ਉਸ (ਪ੍ਰਭੂ) ਨਾਲ ਦੋਸਤੀ (ਪਾਣੀ ਚਾਹੀਦੀ ਹੈ) ਜਿਸ ਦੇ ਵੱਸ ਵਿਚ ਹਰੇਕ ਗੱਲ ਹੈ,
14535	318	ਕੁਮਿਤ੍ਰਾ ਸੇਈ ਕਾਂਢੀਅਹਿ ਇਕ ਵਿਖ ਨ ਚਲਹਿ ਸਾਥਿ॥੨॥	(ਕੁ-ਮਿੱਤ੍ਰਾ) ਖੋਟੇ ਮਿੱਤ੍ਰ। (ਕਾਂਢੀਅਹਿ) ਕਹੀਦੇ। ਵਿਖ:ਪੋਲਾ ਬੋਲੋ। (ਵਿਖ) ਕਦਮ। ਚੱਲ-ਹਿ	Kumithraa Saeee Kaandteeahi Eik Vikh N Chalehi Saathh ||2||	They are accounted as false friends, who do not go with you, for even one step. ||2||	ਪਰ ਜੋ ਇਕ ਕਦਮ ਭੀ (ਅਸਾਡੇ) ਨਾਲ ਨਹੀਂ ਜਾ ਸਕਦੇ ਉਹ ਕੁਮਿੱਤਰ ਕਹੇ ਜਾਂਦੇ ਹਨ (ਉਹਨਾਂ ਨਾਲ ਮੋਹ ਨਾ ਵਧਾਂਦੇ ਫਿਰੋ) ॥੨॥
14536	318	ਪਉੜੀ॥		Pourree ||	Pauree:	
14537	318	ਅੰਮ੍ਰਿਤੁ ਨਾਮੁ ਨਿਧਾਨੁ ਹੈ ਮਿਲਿ ਪੀਵਹੁ ਭਾਈ॥		Anmrith Naam Nidhhaan Hai Mil Peevahu Bhaaee ||	The treasure of the Naam, the Name of the Lord, is Ambrosial Nectar; meet together and drink it in, O Siblings of Destiny.	ਹੇ ਭਾਈ! ਪਰਮਾਤਮਾ ਦਾ ਨਾਮ ਅੰਮ੍ਰਿਤ-(ਰੂਪ) ਖ਼ਜ਼ਾਨਾ ਹੈ, (ਇਸ ਅੰਮ੍ਰਿਤ ਨੂੰ ਸਤਿਸੰਗ ਵਿਚ) ਮਿਲ ਕੇ ਪੀਵੋ।
14538	318	ਜਿਸੁ ਸਿਮਰਤ ਸੁਖੁ ਪਾਈਐ ਸਭ ਤਿਖਾ ਬੁਝਾਈ॥	ਤਿਖਾ, ਬੁਝਾਈ: ਪੋਲੇ ਬੋਲੋ	Jis Simarath Sukh Paaeeai Sabh Thikhaa Bujhaaee ||	Remembering Him in meditation, peace is found, and all thirst is quenched.	ਉਸ ਨਾਮ ਨੂੰ ਸਿਮਰਿਆਂ ਸੁਖ ਮਿਲਦਾ ਹੈ, ਤੇ (ਮਾਇਆ ਦੀ) ਸਾਰੀ ਤ੍ਰਿਸ਼ਨਾ ਮਿਟ ਜਾਂਦੀ ਹੈ।

14539	318	ਕਰਿ ਸੇਵਾ ਪਾਰਬ੍ਰਹਮ ਗੁਰ ਭੁਖ ਰਹੈ ਨ ਕਾਈ॥	ਭੁੱਖ	Kar Saevaa Paarabreham Gur Bhukh Rehai N Kaaee ||	So serve the Supreme Lord God and the Guru, and you shall never be hungry again.	(ਹੇ ਭਾਈ!) ਗੁਰੂ ਅਕਾਲ ਪੁਰਖ ਦੀ ਸੇਵਾ ਕਰ, (ਮਾਇਆ ਦੀ) ਕੋਈ ਭੁਖ ਨਹੀਂ ਰਹਿ ਜਾਏਗੀ।
14540	318	ਸਗਲ ਮਨੋਰਥ ਪੁੰਨਿਆ ਅਮਰਾਪਦੁ ਪਾਈ॥		Sagal Manorathh Punniaa Amaraa Padh Paaee ||	All your desires shall be fulfilled, and you shall obtain the status of immortality.	(ਨਾਮ ਸਿਮਰਿਆਂ) ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ, ਉਹ ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ ਜੋ ਕਦੇ ਨਾਸ ਨਹੀਂ ਹੁੰਦੀ।
14541	318	ਤੁਧੁ ਜੇਵਡੁ ਤੂਹੈ ਪਾਰਬ੍ਰਹਮ ਨਾਨਕ ਸਰਣਾਈ॥੩॥	ਜੇਵੱਡੁ	Thudhh Jaevadd Thoohai Paarabreham Naanak Saranaaee ||3||	You alone are as great as Yourself, O Supreme Lord God; Nanak seeks Your Sanctuary. ||3||	ਹੇ ਪਾਰਬ੍ਰਹਮ! ਤੇਰੇ ਬਰਾਬਰ ਦਾ ਤੂੰ ਆਪ ਹੀ ਹੈਂ। ਹੇ ਨਾਨਕ! ਉਸ ਪਾਰਬ੍ਰਹਮ ਦੀ ਸ਼ਰਨ ਪਓ ॥੩॥
14542	318	ਸਲੋਕ ਮਃ ੫॥		Salok Ma 5 ||	Shalok, Fifth Mehl:	
14543	318	ਡਿਠੜੋ ਹਭ ਠਾਇ ਊਣ ਨ ਕਾਈ ਜਾਇ॥	(ਡਿੱਠੜੋ) ਦੇਖੇ। (ਹੱਭ) ਸਭ। (ਠਾਇ) ਥਾਂ	Dditharro Habh Thaae Oon N Kaaee Jaae ||	I have seen all places; there is no place without Him.	ਮੈਂ (ਪ੍ਰਭੂ ਨੂੰ) ਹਰ ਥਾਂ ਮੌਜੂਦ ਵੇਖਿਆ ਹੈ, ਕੋਈ ਭੀ ਥਾਂ (ਪ੍ਰਭੂ ਤੋਂ) ਖ਼ਾਲੀ ਨਹੀਂ ਹੈ (ਭਾਵ, ਹਰੇਕ ਜੀਵ ਵਿਚ ਪ੍ਰਭੂ ਹੈ।)
14544	318	ਨਾਨਕ ਲਧਾ ਤਿਨ ਸੁਆਉ ਜਿਨਾ ਸਤਿਗੁਰੁ ਭੇਟਿਆ॥੧॥	(ਸੁਆਉ) ਜੀਵਨ ਮਨੋਰਥ। ਲੱਧਾ	Naanak Ladhhaa Thin Suaao Jinaa Sathigur Bhaettiaa ||1||	O Nanak, those who meet with the True Guru find the object of life. ||1||	ਪਰ; ਹੇ ਨਾਨਕ! ਜੀਵਨ ਦਾ ਮਨੋਰਥ (ਭਾਵ, ਪ੍ਰਭੂ ਦਾ ਨਾਮ ਸਿਮਰਨ) ਉਹਨਾਂ ਮਨੁੱਖਾਂ ਨੇ ਹੀ ਲੱਭਾ ਹੈ ਜਿਨ੍ਹਾਂ ਨੂੰ ਸਤਿਗੁਰੂ ਮਿਲਿਆ ਹੈ ॥੧॥
14545	319	ਮਃ ੫॥		Ma 5 ||	Fifth Mehl:	

14546	319	ਦਾਮਨੀ ਚਮਤਕਾਰ ਤਿਉ ਵਰਤਾਰਾ ਜਗ ਖੇ॥	(ਦਾਮਨੀ) ਬਿਜਲੀ। (ਖੇ) ਵਿਖੇ। ਜੱਗ	Dhaamanee Chamathakaar Thio Varathaaraa Jag Khae ||	Like the flash of lightning, worldly affairs last only for a moment.	ਜਗਤ ਦਾ ਵਰਤਾਰਾ ਉਸੇ ਤਰ੍ਹਾਂ ਦਾ ਹੈ (ਜਿਵੇਂ) ਬਿਜਲੀ ਦੀ ਲਿਸ਼ਕ (ਥੋੜੇ ਚਿਰ ਲਈ ਹੀ ਹੁੰਦੀ) ਹੈ।
14547	319	ਵਥੁ ਸੁਹਾਵੀ ਸਾਇ ਨਾਨਕ ਨਾਉ ਜਪੰਦੋ ਤਿਸੁ ਧਣੀ॥੨॥	ਵੱਥੁ	Vathh Suhaavee Saae Naanak Naao Japandho This Dhhanee ||2||	The only thing which is pleasing, O Nanak, is that which inspires one to meditate on the Name of the Master. ||2||	(ਇਸ ਲਈ) ਹੇ ਨਾਨਕ! ਉਸ ਮਾਲਕ ਦਾ ਨਾਮ ਜਪਣਾ- (ਅਸਲ ਵਿਚ) ਇਹੀ ਚੀਜ਼ ਸੋਹਣੀ (ਤੇ ਸਦਾ ਟਿਕੇ ਰਹਿਣ ਵਾਲੀ) ਹੈ ॥੨॥
14548	319	ਪਉੜੀ॥		Pourree ||	Pauree:	
14549	319	ਸਿਮ੍ਰਿਤਿ ਸਾਸਤ੍ਰ ਸੋਧਿ ਸਭਿ ਕਿਨੈ ਕੀਮ ਨ ਜਾਣੀ॥	ਸਿਮ-ਰ੍ਿਤਿ	Simrith Saasathr Sodhh Sabh Kinai Keem N Jaanee ||	People have searched all the Simritees and Shaastras, but no one knows the Lord's value.	ਸਿਮ੍ਰਿਤੀਆਂ ਸ਼ਾਸਤ੍ਰ ਸਾਰੇ ਚੰਗੀ ਤਰ੍ਹਾਂ ਵੇਖੇ ਹਨ, ਕਿਸੇ ਨੇ ਕਰਤਾਰ ਦੀ ਕੀਮਤ ਨਹੀਂ ਪਾਈ, (ਕੋਈ ਨਹੀਂ ਦੱਸ ਸਕਦਾ ਕਿ ਪ੍ਰਭੂ ਕਿਸ ਮੁੱਲ ਤੋਂ ਮਿਲ ਸਕਦਾ ਹੈ)।
14550	319	ਜੋ ਜਨੁ ਭੇਟੈ ਸਾਧਸੰਗਿ ਸੋ ਹਰਿ ਰੰਗੁ ਮਾਣੀ॥		Jo Jan Bhaettai Saadhhasang So Har Rang Maanee ||	That being, who joins the Saadh Sangat enjoys the Love of the Lord.	(ਸਿਰਫ਼) ਉਹ ਮਨੁੱਖ ਪ੍ਰਭੂ (ਦੇ ਮਿਲਾਪ) ਦਾ ਆਨੰਦ ਮਾਣਦਾ ਹੈ ਜੋ ਸਤਸੰਗ ਵਿਚ ਜਾ ਮਿਲਦਾ ਹੈ।
14551	319	ਸਚੁ ਨਾਮੁ ਕਰਤਾ ਪੁਰਖੁ ਏਹ ਰਤਨਾ ਖਾਣੀ॥	(ਖਾਣੀ) ਭੰਡਾਰ	Sach Naam Karathaa Purakh Eaeh Rathanaa Khaanee ||	True is the Naam, the Name of the Creator, the Primal Being. It is the mine of precious jewels.	ਪ੍ਰਭੂ ਦਾ ਸੱਚਾ ਨਾਮ, ਕਰਤਾਰ ਅਕਾਲ ਪੁਰਖ-ਏਹੀ ਰਤਨਾਂ ਦੀ ਖਾਣ ਹੈ ('ਨਾਮ' ਸਿਮਰਨ ਵਿਚ ਹੀ ਸਾਰੇ ਗੁਣ ਹਨ),

14552	319	ਮਸਤਕਿ ਹੋਵੈ ਲਿਖਿਆ ਹਰਿ ਸਿਮਰਿ ਪਰਾਣੀ॥		Masathak Hovai Likhiaa Har Simar Paraanee ||	That mortal, who has such pre-ordained destiny inscribed upon his forehead, meditates in remembrance on the Lord.	ਪਰ ਓਹੀ ਮਨੁੱਖ ਨਾਮ ਸਿਮਰਦਾ ਹੈ, ਜਿਸ ਦੇ ਮੱਥੇ ਤੇ ਭਾਗ ਹੋਣ।
14553	319	ਤੋਸਾ ਦਿਚੈ ਸਚੁ ਨਾਮੁ ਨਾਨਕ ਮਿਹਮਾਣੀ॥੪॥	(ਤੋੱਸਾ) ਪ੍ਰਲੋਕ ਦਾ ਖਰਚ। (ਦਿੱਚੈ) ਦੇਵੋ	Thosaa Dhichai Sach Naam Naanak Mihamaanee ||4||	O Lord, please bless Nanak, Your humble guest, with the supplies of the True Name. ||4||	(ਹੇ ਪ੍ਰਭੂ!) ਨਾਨਕ ਦੀ ਖ਼ਾਤਰਦਾਰੀ ਏਹੀ ਹੈ ਕਿ ਆਪਣਾ ਸੱਚਾ ਨਾਮ (ਰਾਹ ਲਈ) ਖ਼ਰਚ ਦੇਹ ॥੪॥
14554	319	ਸਲੋਕ ਮਃ ੫॥		Salok Ma 5 ||	Shalok, Fifth Mehl:	
14555	319	ਅੰਤਰਿ ਚਿੰਤਾ ਨੈਣੀ ਸੁਖੀ ਮੂਲਿ ਨ ਉਤਰੈ ਭੁਖ॥	(ਨੈਣੀ) ਦੇਖਣ ਨੂੰ। ਉੱਤਰੈ ਭੁੱਖ	Anthar Chinthaa Nainee Sukhee Mool N Outharai Bhukh ||	He harbors anxiety within himself, but to the eyes, he appears to be happy; his hunger never departs.	ਜਿਸ ਮਨੁੱਖ ਦੇ ਮਨ ਵਿਚ ਚਿੰਤਾ ਹੈ ਉਸ ਦੀ ਮਾਇਆ ਦੀ ਭੁੱਖ ਬਿਲਕੁਲ ਨਹੀਂ ਮਿਟਦੀ; ਵੇਖਣ ਨੂੰ ਭਾਵੇਂ ਉਹ ਸੁਖੀ ਜਾਪਦਾ ਹੋਵੇ।
14556	319	ਨਾਨਕ ਸਚੇ ਨਾਮ ਬਿਨੁ ਕਿਸੈ ਨ ਲਥੋ ਦੁਖੁ॥੧॥	ਲੱਥੋ ਦੁੱਖੁ	Naanak Sachae Naam Bin Kisai N Lathho Dhukh ||1||	O Nanak, without the True Name, no one's sorrows have ever departed. ||1||	ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਬਿਨਾ ਕਿਸੇ ਦਾ ਭੀ ਦੁੱਖ ਦੂਰ ਨਹੀਂ ਹੁੰਦਾ ॥੧॥
14557	319	ਮਃ ੫॥		Ma 5 ||	Fifth Mehl:	

14558	319	ਮੁਠੜੇ ਸੇਈ ਸਾਥ ਜਿਨੀ ਸਚੁ ਨ ਲਦਿਆ॥	(ਮੁੱਠੜੇ) ਲੁੱਟੇ ਗਏ। ਲੱਦਿਆ	Mutharrae Saeee Saathh Jinee Sach N Ladhiaa ||	Those caravans which did not load the Truth have been plundered.	ਉਹਨਾਂ (ਜੀਵ-) ਵਪਾਰੀਆਂ ਦੇ ਟੋਲਿਆਂ ਦੇ ਟੋਲੇ ਲੁੱਟੇ ਗਏ (ਜਾਣੋ) ਜਿਨ੍ਹਾਂ ਨੇ ਪ੍ਰਭੂ ਦਾ ਨਾਮ ਰੂਪ ਸੌਦਾ ਨਹੀਂ ਲੱਦਿਆ,
14559	319	ਨਾਨਕ ਸੇ ਸਾਬਾਸਿ ਜਿਨੀ ਗੁਰ ਮਿਲਿ ਇਕੁ ਪਛਾਣਿਆ॥੨॥		Naanak Sae Saabaas Jinee Gur Mil Eik Pashhaaniaa ||2||	O Nanak, those who meet the True Guru, and acknowledge the One Lord, are congratulated. ||2||	ਪਰ ਹੇ ਨਾਨਕ! ਸ਼ਾਬਾਸ਼ੇ ਉਹਨਾਂ ਨੂੰ ਜਿਨ੍ਹਾਂ ਨੇ ਸਤਿਗੁਰੂ ਨੂੰ ਮਿਲ ਕੇ ਇਕ ਪਰਮਾਤਮਾ ਨੂੰ ਪਛਾਣ ਲਿਆ ਹੈ ॥੨॥
14560	319	ਪਉੜੀ॥		Pourree ||	Pauree:	
14561	319	ਜਿਥੈ ਬੈਸਨਿ ਸਾਧ ਜਨ ਸੋ ਥਾਨੁ ਸੁਹੰਦਾ॥		Jithhai Baisan Saadhh Jan So Thhaan Suhandhaa ||	Beautiful is that place, where the Holy people dwell.	ਜਿਸ ਥਾਂ ਤੇ ਗੁਰਮੁਖ ਮਨੁੱਖ ਬੈਠਦੇ ਹਨ ਉਹ ਥਾਂ ਸੋਹਣਾ ਹੋ ਜਾਂਦਾ ਹੈ,
14562	319	ਓਇ ਸੇਵਨਿ ਸੰਮ੍ਰਿਥੁ ਆਪਣਾ ਬਿਨਸੈ ਸਭੁ ਮੰਦਾ॥	ਸੰਮ੍ਰਿਥੁ	Oue Saevan Sanmrithh Aapanaa Binasai Sabh Mandhaa ||	They serve their All-powerful Lord, and they give up all their evil ways.	(ਕਿਉਂਕਿ) ਉਹ ਗੁਰਮੁਖ ਬੰਦੇ (ਓਥੇ ਬੈਠ ਕੇ) ਆਪਣੇ ਸਮਰੱਥ ਪ੍ਰਭੂ ਨੂੰ ਸਿਮਰਦੇ ਹਨ (ਜਿਸ ਕਰਕੇ ਉਹਨਾਂ ਦੇ ਮਨ ਵਿਚੋਂ) ਸਾਰੀ ਬੁਰਾਈ ਨਾਸ ਹੋ ਜਾਂਦੀ ਹੈ।
14563	319	ਪਤਿਤ ਉਧਾਰਣ ਪਾਰਬ੍ਰਹਮ ਸੰਤ ਬੇਦੁ ਕਹੰਦਾ॥		Pathith Oudhhaaran Paarabreham Santh Baedh Kehandhaa ||	The Saints and the Vedas proclaim, that the Supreme Lord God is the Saving Grace of sinners.	ਹੇ ਪਾਰਬ੍ਰਹਮ! ਤੂੰ (ਵਿਕਾਰਾਂ ਵਿਚ) ਡਿੱਗਿਆਂ ਨੂੰ ਬਚਾਣ ਵਾਲਾ ਹੈਂ-ਇਹ ਗੱਲ ਸੰਤ ਜਨ ਭੀ ਆਖਦੇ ਹਨ ਤੇ ਬੇਦ ਭੀ ਆਖਦਾ ਹੈ,

14564	319	ਭਗਤਿ ਵਛਲੁ ਤੇਰਾ ਬਿਰਦੁ ਹੈ ਜੁਗਿ ਜੁਗਿ ਵਰਤੰਦਾ॥	ਜੁੱਗਿ ਜੁੱਗਿ ਵਰ-ਤੰਦਾ	Bhagath Vashhal Thaeraa Biradh Hai Jug Jug Varathandhaa ||	You are the Lover of Your devotees - this is Your natural way, in each and every age.	ਭਗਤਾਂ ਨੂੰ ਪਿਆਰ ਕਰਨਾ-ਇਹ ਤੇਰਾ ਮੁੱਢ ਕਦੀਮਾਂ ਦਾ ਸੁਭਾਉ ਹੈ, ਤੇਰਾ ਇਹ ਸੁਭਾਉ ਸਦਾ ਕਾਇਮ ਰਹਿੰਦਾ ਹੈ।
14565	319	ਨਾਨਕੁ ਜਾਚੈ ਏਕੁ ਨਾਮੁ ਮਨਿ ਤਨਿ ਭਾਵੰਦਾ॥੫॥	ਭਾ-ਵੰਦਾ	Naanak Jaachai Eaek Naam Man Than Bhaavandhaa ||5||	Nanak asks for the One Name, which is pleasing to his mind and body. ||5||	ਨਾਨਕ ਤੇਰਾ ਨਾਮ ਹੀ ਮੰਗਦਾ ਹੈ (ਨਾਨਕ ਨੂੰ ਤੇਰਾ ਨਾਮ ਹੀ) ਮਨ ਤਨ ਵਿਚ ਪਿਆਰਾ ਲੱਗਦਾ ਹੈ ॥੫॥
14566	319	ਸਲੋਕ ਮਃ ੫॥		Salok Ma 5 ||	Shalok, Fifth Mehl:	
14567	319	ਚਿੜੀ ਚੁਹਕੀ ਪਹੁ ਫੁਟੀ ਵਗਨਿ ਬਹੁਤੁ ਤਰੰਗ॥	(ਚੁਹ-ਕੀ) ਬੋਲੀ। ਵਗਨਿ: ਪੋਲੇ ਬੋਲੋ। ਫੁੱਟੀ	Chirree Chuhakee Pahu Futtee Vagan Bahuth Tharang ||	The sparrows are chirping, and dawn has come; the wind stirs up the waves.	ਜਦੋਂ ਪਹੁ-ਫੁਟਾਲਾ ਹੁੰਦਾ ਹੈ ਤੇ ਚਿੜੀ ਚੂਕਦੀ ਹੈ, ਉਸ ਵੇਲੇ (ਭਗਤ ਦੇ ਹਿਰਦੇ ਵਿਚ ਸਿਮਰਨ ਦੇ) ਤਰੰਗ ਬਹੁਤ ਉੱਠਦੇ ਹਨ।
14568	319	ਅਚਰਜ ਰੂਪ ਸੰਤਨ ਰਚੇ ਨਾਨਕ ਨਾਮਹਿ ਰੰਗ॥੧॥	ਅ-ਚਰਜ ਨਾਮ-ਹਿ	Acharaj Roop Santhan Rachae Naanak Naamehi Rang ||1||	Such a wondrous thing the Saints have fashioned, O Nanak, in the Love of the Naam. ||1||	ਹੇ ਨਾਨਕ! ਜਿਨ੍ਹਾਂ ਗੁਰਮੁਖਾਂ ਦਾ ਪ੍ਰਭੂ ਦੇ ਨਾਮ ਵਿਚ ਪਿਆਰ ਹੁੰਦਾ ਹੈ ਉਹਨਾਂ ਨੇ (ਇਸ ਪਹੁ-ਫੁਟਾਲੇ ਦੇ ਸਮੇ) ਅਚਰਜ ਰੂਪ ਰਚੇ ਹੁੰਦੇ ਹਨ (ਭਾਵ, ਉਹ ਬੰਦੇ ਇਸ ਸਮੇ ਪ੍ਰਭੂ ਦੇ ਅਚਰਜ ਕੌਤਕ ਆਪਣੀਆਂ ਅੱਖਾਂ ਦੇ ਸਾਹਮਣੇ ਲਿਆਉਂਦੇ ਹਨ) ॥੧॥
14569	319	ਮਃ ੫॥		Ma 5 ||	Fifth Mehl:	

14570	319	ਘਰ ਮੰਦਰ ਖੁਸੀਆ ਤਹੀ ਜਹ ਤੂ ਆਵਹਿ ਚਿਤਿ॥	ਖੁਸੀਆਂ। ਚਿੱਤਿ	Ghar Mandhar Khuseeaa Thehee Jeh Thoo Aavehi Chith ||	Homes, palaces and pleasures are there, where You, O Lord, come to mind.	ਉਹਨਾਂ ਘਰਾਂ ਮੰਦਰਾਂ ਵਿਚ ਹੀ (ਅਸਲੀ) ਖ਼ੁਸ਼ੀਆਂ ਹਨ ਜਿੱਥੇ (ਹੇ ਪ੍ਰਭੂ!) ਤੂੰ ਯਾਦ ਆਉਂਦਾ ਹੈਂ।
14571	319	ਦੁਨੀਆ ਕੀਆ ਵਡਿਆਈਆ ਨਾਨਕ ਸਭਿ ਕੁਮਿਤ॥੨॥	(ਕੁ-ਮਿੱਤ) ਖੋਟੇ ਮਿੱਤ੍ਰ	Dhuneeaa Keeaa Vaddiaaeeaa Naanak Sabh Kumith ||2||	All worldly grandeur, O Nanak, is like false and evil friends. ||2||	ਹੇ ਨਾਨਕ! (ਜੇ ਪ੍ਰਭੂ ਵਿੱਸਰੇ ਤਾਂ) ਦੁਨੀਆ ਦੀਆਂ ਸਾਰੀਆਂ ਵਡਿਆਈਆਂ ਸਾਰੇ ਖੋਟੇ ਮਿੱਤਰ ਹਨ ॥੨॥
14572	319	ਪਉੜੀ॥		Pourree ||	Pauree:	
14573	319	ਹਰਿ ਧਨੁ ਸਚੀ ਰਾਸਿ ਹੈ ਕਿਨੈ ਵਿਰਲੈ ਜਾਤਾ॥	ਜੱਾਤਾ	Har Dhhan Sachee Raas Hai Kinai Viralai Jaathaa ||	The wealth of the Lord is the true capital; how rare are those who understand this.	ਹੇ ਭਰਾਵੋ! ਪਰਮਾਤਮਾ ਦਾ ਨਾਮ-ਰੂਪ ਧਨ ਸਦਾ ਕਾਇਮ ਰਹਿਣ ਵਾਲੀ ਪੂੰਜੀ ਹੈ, (ਪਰ) ਕਿਸੇ ਵਿਰਲੇ ਨੇ ਹੀ ਇਹ ਗੱਲ ਸਮਝੀ ਹੈ,
14574	319	ਤਿਸੈ ਪਰਾਪਤਿ ਭਾਇਰਹੁ ਜਿਸੁ ਦੇਇ ਬਿਧਾਤਾ॥	(ਭਾਇ-ਰਹੁ)ਭਰਾਵੋ। ਦੇ-ਇ	Thisai Paraapath Bhaaeirahu Jis Dhaee Bidhhaathaa ||	He alone receives it, O Siblings of Destiny, unto whom the Architect of Destiny gives it.	(ਤੇ ਇਹ ਪੂੰਜੀ) ਉਸੇ ਨੂੰ ਹੀ ਮਿਲਦੀ ਹੈ ਜਿਸ ਨੂੰ ਕਰਤਾਰ (ਆਪ) ਦੇਂਦਾ ਹੈ।
14575	319	ਮਨ ਤਨ ਭੀਤਰਿ ਮਉਲਿਆ ਹਰਿ ਰੰਗਿ ਜਨੁ ਰਾਤਾ॥	ਮਉੱਲਿਆ ਕਸਕੇ, ਰੱਾਤਾ	Man Than Bheethar Mouliaa Har Rang Jan Raathaa ||	His servant is imbued with the Love of the Lord; his body and mind blossom forth.	(ਜਿਸ ਭਾਗਾਂ ਵਾਲੇ ਨੂੰ ਇਹ 'ਨਾਮ'-ਰਾਸਿ ਮਿਲਦੀ ਹੈ) ਉਹ ਮਨੁੱਖ ਪ੍ਰਭੂ ਦੇ ਰੰਗ ਵਿਚ ਰੰਗਿਆ ਜਾਂਦਾ ਹੈ, ਉਹ ਆਪਣੇ ਮਨ ਤਨ ਵਿਚ ਖਿੜ ਪੈਂਦਾ ਹੈ।

14576	319	ਸਾਧਸੰਗਿ ਗੁਣ ਗਾਇਆ ਸਭਿ ਦੋਖਹ ਖਾਤਾ॥	(ਖੱਤਾ) ਨਾਸ ਕੀਤਾ	Saadhhasang Gun Gaaeiaa Sabh Dhokheh Khaathaa ||	In the Saadh Sangat, the Company of the Holy, he sings the Glorious Praises of the Lord, and all of his sufferings are removed.	(ਜਿਉਂ ਜਿਉਂ) ਸਤਸੰਗ ਵਿਚ ਉਹ ਪ੍ਰਭੂ ਦੇ ਗੁਣ ਗਾਉਂਦਾ ਹੈ (ਤਿਉਂ ਤਿਉਂ ਉਹ) ਸਾਰੇ ਵਿਕਾਰਾਂ ਨੂੰ ਮੁਕਾਂਦਾ ਜਾਂਦਾ ਹੈ।
14577	319	ਨਾਨਕ ਸੋਈ ਜੀਵਿਆ ਜਿਨਿ ਇਕੁ ਪਛਾਤਾ॥੬॥		Naanak Soee Jeeviaa Jin Eik Pashhaathaa ||6||	O Nanak, he alone lives, who acknowledges the One Lord. ||6||	ਹੇ ਨਾਨਕ! ਉਹੀ ਮਨੁੱਖ (ਅਸਲ ਵਿਚ) ਜੀਉਂਦਾ ਹੈ ਜਿਸ ਨੇ ਇਕ ਪ੍ਰਭੂ ਨੂੰ ਪਛਾਣਿਆ ਹੈ ॥੬॥
14578	319	ਸਲੋਕ ਮਃ ੫॥		Salok Ma 5 ||	Shalok, Fifth Mehl:	
14579	319	ਖਖੜੀਆ ਸੁਹਾਵੀਆ ਲਗੜੀਆ ਅਕ ਕੰਠਿ॥	ਖੱਖੜੀਆਂ। ਲੱਗੜੀਆਂ। ਅੱਕ	Khakharreeaa Suhaaveeaa Lagarreeaa Ak Kanth ||	The fruit of the swallow-wort plant looks beautiful, attached to the branch of the tree;	(ਅੱਕ ਦੀਆਂ) ਕੱਕੜੀਆਂ (ਤਦ ਤਕ) ਸੋਹਣੀਆਂ ਹਨ (ਜਦ ਤਕ) ਅੱਕ ਦੇ ਗਲ (ਭਾਵ, ਟਹਿਣੀ ਨਾਲ) ਲੱਗੀਆਂ ਹੋਈਆਂ ਹਨ,
14580	319	ਬਿਰਹ ਵਿਛੋੜਾ ਧਣੀ ਸਿਉ ਨਾਨਕ ਸਹਸੈ ਗੰਠਿ॥੧॥	(ਗੰਠਿ) ਤੂੰਬੇ, ਹਿੱਸੇ	Bireh Vishhorraa Dhhanee Sio Naanak Sehasai Ganth ||1||	But when it is separated from the stem of its Master, O Nanak, it breaks apart into thousands of fragments. ||1||	ਪਰ, ਹੇ ਨਾਨਕ! ਮਾਲਕ (ਅੱਕ) ਨਾਲੋਂ ਜਦੋਂ ਵਿਜੋਗ ਵਿਛੋੜਾ ਹੋ ਜਾਂਦਾ ਹੈ ਤਾਂ ਉਹਨਾਂ ਦੇ ਹਜ਼ਾਰਾਂ ਤੂੰਬੇ ਹੋ ਜਾਂਦੇ ਹਨ ॥੧॥
14581	319	ਮਃ ੫॥		Ma 5 ||	Fifth Mehl:	

14582	319	ਵਿਸਾਰੇਦੇ ਮਰਿ ਗਏ ਮਰਿ ਭਿ ਨ ਸਕਹਿ ਮੂਲਿ॥	ਵਿਸਾਰੇਂਦੇ	Visaaraedhae Mar Geae Mar Bh N Sakehi Mool ||	Those who forget the Lord die, but they cannot die a complete death.	ਪਰਮਾਤਮਾ ਨੂੰ ਵਿਸਾਰਨ ਵਾਲੇ ਬੰਦੇ ਮੋਏ ਹੋਏ (ਜਾਣੋ), ਪਰ ਉਹ ਚੰਗੀ ਤਰ੍ਹਾਂ ਮਰ ਭੀ ਨਹੀਂ ਸਕਦੇ।
14583	319	ਵੇਮੁਖ ਹੋਏ ਰਾਮ ਤੇ ਜਿਉ ਤਸਕਰ ਉਪਰਿ ਸੂਲਿ॥੨॥	(ਤਸਕਰ) ਚੋਰ। (ਸੂਲਿ) ਸੂਲੀ	Vaemukh Hoeae Raam Thae Jio Thasakar Oupar Sool ||2||	Those who turn their backs on the Lord suffer, like the thief impaled on the gallows. ||2||	ਜਿਨ੍ਹਾਂ ਨੇ ਪ੍ਰਭੂ ਵਲੋਂ ਮੂੰਹ ਮੋੜਿਆ ਹੋਇਆ ਹੈ ਉਹ ਇਉਂ ਹਨ ਜਿਵੇਂ ਸੂਲੀ ਉਤੇ ਚਾੜ੍ਹੇ ਹੋਏ ਚੋਰ ਹਨ ॥੨॥
14584	319	ਪਉੜੀ॥		Pourree ||	Pauree:	
14585	319	ਸੁਖ ਨਿਧਾਨੁ ਪ੍ਰਭੁ ਏਕੁ ਹੈ ਅਬਿਨਾਸੀ ਸੁਣਿਆ॥		Sukh Nidhhaan Prabh Eaek Hai Abinaasee Suniaa ||	The One God is the treasure of peace; I have heard that He is eternal and imperishable.	ਇਕ ਪਰਮਾਤਮਾ ਹੀ ਸੁਖਾਂ ਦਾ ਖ਼ਜ਼ਾਨਾ ਹੈ ਜੋ (ਪਰਮਾਤਮਾ) ਅਬਿਨਾਸ਼ੀ ਸੁਣੀਦਾ ਹੈ।
14586	319	ਜਲਿ ਥਲਿ ਮਹੀਅਲਿ ਪੂਰਿਆ ਘਟਿ ਘਟਿ ਹਰਿ ਭਣਿਆ॥	(ਭਣਿਆ) ਕਿਹਾ	Jal Thhal Meheeal Pooriaa Ghatt Ghatt Har Bhaniaa ||	He is totally pervading the water, the land and the sky; the Lord is said to be permeating each and every heart.	ਪਾਣੀ ਵਿਚ, ਧਰਤੀ ਦੇ ਅੰਦਰ, ਧਰਤੀ ਦੇ ਉਤੇ (ਉਹ ਪ੍ਰਭੂ) ਮੌਜੂਦ ਹੈ, ਹਰੇਕ ਸਰੀਰ ਵਿਚ ਉਹ ਪ੍ਰਭੂ (ਵੱਸਦਾ) ਕਿਹਾ ਜਾਂਦਾ ਹੈ,

14587	319	ਊਚ ਨੀਚ ਸਭ ਇਕ ਸਮਾਨਿ ਕੀਟ ਹਸਤੀ ਬਣਿਆ॥		Ooch Neech Sabh Eik Samaan Keett Hasathee Baniaa ||	He looks alike upon the high and the low, the ant and the elephant.	ਉੱਚੇ ਨੀਵੇਂ ਸਾਰੇ ਜੀਵਾਂ ਵਿਚ ਇਕੋ ਜਿਹਾ ਵਰਤ ਰਿਹਾ ਹੈ। ਕੀੜੇ (ਤੋਂ ਲੈ ਕੇ) ਹਾਥੀ (ਤਕ, ਸਾਰੇ ਉਸ ਪ੍ਰਭੂ ਤੋਂ ਹੀ) ਬਣੇ ਹਨ।
14588	319	ਮੀਤ ਸਖਾ ਸੁਤ ਬੰਧਿਪੋ ਸਭਿ ਤਿਸ ਦੇ ਜਣਿਆ॥		Meeth Sakhaa Suth Bandhhipo Sabh This Dhae Janiaa ||	Friends, companions, children and relatives are all created by Him.	(ਸਾਰੇ) ਮਿੱਤਰ, ਸਾਥੀ, ਪੁੱਤਰ ਸਨਬੰਧੀ ਸਾਰੇ ਉਸ ਪ੍ਰਭੂ ਦੇ ਹੀ ਪੈਦਾ ਕੀਤੇ ਹੋਏ ਹਨ।
14589	319	ਤੁਸਿ ਨਾਨਕੁ ਦੇਵੈ ਜਿਸੁ ਨਾਮੁ ਤਿਨਿ ਹਰਿ ਰੰਗੁ ਮਣਿਆ॥੭॥		Thus Naanak Dhaevai Jis Naam Thin Har Rang Maniaa ||7||	O Nanak, one who is blessed with the Naam, enjoys the Lord's love and affection. ||7||	ਜਿਸ ਜੀਵ ਨੂੰ (ਗੁਰੂ) ਨਾਨਕ ਤੁੱਠ ਕੇ 'ਨਾਮ' ਦੇਂਦਾ ਹੈ ਉਸ ਨੇ ਹੀ ਹਰਿ-ਨਾਮ ਦਾ ਰੰਗ ਮਾਣਿਆ ਹੈ ॥੭॥
14590	319	ਸਲੋਕ ਮਃ ੫॥		Salok Ma 5 ||	Shalok, Fifth Mehl:	
14591	319	ਜਿਨਾ ਸਾਸਿ ਗਿਰਾਸਿ ਨ ਵਿਸਰੈ ਹਰਿ ਨਾਮਾਂ ਮਨਿ ਮੰਤੁ॥		Jinaa Saas Giraas N Visarai Har Naamaan Man Manth ||	Those who do not forget the Lord with each breath and morsel of food whose minds are filled with the Mantra of the Lord's Name	ਜਿਨ੍ਹਾਂ ਮਨੁੱਖਾਂ ਨੂੰ ਸਾਹ ਲੈਂਦਿਆਂ ਤੇ ਖਾਂਦਿਆਂ ਕਦੇ ਰੱਬ ਨਹੀਂ ਭੁੱਲਦਾ, ਜਿਨ੍ਹਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ-ਰੂਪ ਮੰਤਰ (ਵੱਸ ਰਿਹਾ) ਹੈ;

14592	319	ਧੰਨੁ ਸਿ ਸੇਈ ਨਾਨਕਾ ਪੂਰਨੁ ਸੋਈ ਸੰਤੁ॥੧॥		Dhhann S Saeee Naanakaa Pooran Soee Santh ||1||	- they alone are blessed; O Nanak, they are the perfect Saints. ||1||	ਹੇ ਨਾਨਕ! ਉਹੀ ਬੰਦੇ ਮੁਬਾਰਿਕ ਹਨ, ਉਹੀ ਮਨੁੱਖ ਪੂਰਨ ਸੰਤ ਹੈ ॥੧॥
14593	319	ਮਃ ੫॥		Ma 5 ||	Fifth Mehl:	
14594	319	ਅਠੇ ਪਹਰ ਭਉਦਾ ਫਿਰੈ ਖਾਵਣ ਸੰਦੜੈ ਸੂਲਿ॥	(ਸੰਦੜੈ) ਦੇ (ਸੂਲਿ) ਦੁੱਖ। ਭਉਂਦਾ	Athae Pehar Bhoudhaa Firai Khaavan Sandharrai Sool ||	Twenty-four hours a day, he wanders around, driven by his hunger for food.	ਜੇ ਕੋਈ ਮਨੁੱਖ ਦਿਨ ਰਾਤ ਖਾਣ ਦੇ ਦੁੱਖ ਵਿਚ (ਢਿੱਡ ਦੇ ਝੁਲਕੇ ਲਈ ਹੀ) ਭਟਕਦਾ ਫਿਰੇ,
14595	319	ਦੋਜਕਿ ਪਉਦਾ ਕਿਉ ਰਹੈ ਜਾ ਚਿਤਿ ਨ ਹੋਇ ਰਸੂਲਿ॥੨॥	ਪਉਂਦਾ	Dhojak Poudhaa Kio Rehai Jaa Chith N Hoe Rasool ||2||	How can he escape from falling into hell, when he does not remember the Prophet? ||2||	ਤੇ ਉਸ ਦੇ ਚਿੱਤ ਵਿਚ ਗੁਰੂ-ਪੈਗ਼ੰਬਰ ਦੀ ਰਾਹੀਂ ਰੱਬ ਨਾਹ (ਯਾਦ) ਹੋਵੇ ਤਾਂ ਉਹ ਦੋਜ਼ਕ ਵਿਚ ਪੈਣੋਂ ਕਿਵੇਂ ਬਚ ਸਕਦਾ ਹੈ? ॥੨॥
14596	320	ਪਉੜੀ॥		Pourree ||	Pauree:	
14597	320	ਤਿਸੈ ਸਰੇਵਹੁ ਪ੍ਰਾਣੀਹੋ ਜਿਸ ਦੈ ਨਾਉ ਪਲੈ॥	ਪੱਲੈ	Thisai Saraevahu Praaneeho Jis Dhai Naao Palai ||	Serve Him O mortals who has the Lord's Name in His lap.	ਉਸ (ਗੁਰੂ) ਨੂੰ, ਹੇ ਬੰਦਿਓ! ਸੇਵਹੁ ਜਿਸ ਦੇ ਪੱਲੇ ਪ੍ਰਭੂ ਦਾ ਨਾਮ ਹੈ (ਭਾਵ, ਜਿਸ ਤੋਂ ਨਾਮ ਮਿਲ ਸਕਦਾ ਹੈ)।
14598	320	ਐਥੈ ਰਹਹੁ ਸੁਹੇਲਿਆ ਅਗੈ ਨਾਲਿ ਚਲੈ॥	(ਸੁਹੇਲਿਆ) ਸੁਖੀ। ਅੱਗੈ ਚੱਲੈ	Aithhai Rehahu Suhaeliaa Agai Naal Chalai ||	You shall dwell in peace and ease in this world; in the world hereafter, it shall go with you.	(ਇਸ ਤਰ੍ਹਾਂ) ਇਥੇ ਸੁਖੀ ਰਹੋਗੇ ਤੇ ਪਰਲੋਕ ਵਿਚ (ਇਹ ਨਾਮ) ਤੁਹਾਡੇ ਨਾਲ ਜਾਏਗਾ।

14599	320	ਘਰੁ ਬੰਧਹੁ ਸਚ ਧਰਮ ਕਾ ਗਡਿ ਥੰਮੁ ਅਹਲੈ॥	ਗੱਡਿ ਥੰਮ੍ ਅ-ਹੱਲੈ	Ghar Bandhhahu Sach Dhharam Kaa Gadd Thhanm Ahalai ||	So build your home of true righteousness, with the unshakable pillars of Dharma.	(ਇਹ ਨਾਮ ਰੂਪ) ਪੱਕਾ ਥੰਮ੍ਹ ਗੱਡ ਕੇ ਸਦਾ ਕਾਇਮ ਰਹਿਣ ਵਾਲੇ ਧਰਮ ਦਾ ਮੰਦਰ (ਸਤਿਸੰਗ) ਬਣਾਓ।
14600	320	ਓਟ ਲੈਹੁ ਨਾਰਾਇਣੈ ਦੀਨ ਦੁਨੀਆ ਝਲੈ॥	(ਦੀਨ) ਪ੍ਰਲੋਕ। (ਝੱਲੈ) ਆਸਰਾ ਦੇਂਦੇ	Outt Laihu Naaraaeinai Dheen Dhuneeaa Jhalai ||	Take the Support of the Lord, who gives support in the spiritual and material worlds.	ਅਕਾਲ ਪੁਰਖ ਦੀ ਟੇਕ ਰੱਖੋ ਜੋ ਦੀਨ ਤੇ ਦੁਨੀਆ ਨੂੰ ਆਸਰਾ ਦੇਣ ਵਾਲਾ ਹੈ।
14601	320	ਨਾਨਕ ਪਕੜੇ ਚਰਣ ਹਰਿ ਤਿਸੁ ਦਰਗਹ ਮਲੈ॥੮॥	(ਮੱਲੈ) ਰੋਕੇ	Naanak Pakarrae Charan Har This Dharageh Malai ||8||	Nanak grasps the Lotus Feet of the Lord; he humbly bows in His Court. ||8||	ਹੇ ਨਾਨਕ! ਜਿਸ ਮਨੁੱਖ ਨੇ ਪ੍ਰਭੂ ਦੇ ਪੈਰ ਫੜੇ ਹਨ ਉਹ ਪ੍ਰਭੂ ਦੀ ਦਰਗਾਹ ਮੱਲੀ ਰੱਖਦਾ ਹੈ ॥੮॥
14602	320	ਸਲੋਕ ਮਃ ੫॥		Salok Ma 5 ||	Shalok, Fifth Mehl:	
14603	320	ਜਾਚਕੁ ਮੰਗੈ ਦਾਨੁ ਦੇਹਿ ਪਿਆਰਿਆ॥		Jaachak Mangai Dhaan Dhaehi Piaariaa ||	The beggar begs for charity: give to me, O my Beloved!	(ਹੇ ਪ੍ਰਭੂ!) ਮੈਂ ਮੰਗਤਾ (ਤੇਰੇ 'ਅਪਾਰ ਸ਼ਬਦ' ਦਾ) ਖ਼ੈਰ ਮੰਗਦਾ ਹਾਂ, ਮੈਨੂੰ ਖ਼ੈਰ ਪਾ।
14604	320	ਦੇਵਣਹਾਰੁ ਦਾਤਾਰੁ ਮੈ ਨਿਤ ਚਿਤਾਰਿਆ॥		Dhaevanehaar Dhaathaar Mai Nith Chithaariaa ||	O Great Giver, O Giving Lord, my consciousness is continually centered on You.	ਤੂੰ ਦਾਤਾਂ ਦੇਣ ਵਾਲਾ ਹੈਂ, ਤੂੰ ਦਾਤਾਂ ਦੇਣ-ਜੋਗ ਹੈਂ, ਮੈਂ ਤੈਨੂੰ ਸਦਾ ਚੇਤੇ ਕਰਦਾ ਹਾਂ।

14605	320	ਨਿਖੁਟਿ ਨ ਜਾਈ ਮੂਲਿ ਅਤੁਲ ਭੰਡਾਰਿਆ॥	ਨਿਖੁੱਟਿ ਅ-ਤੁੱਲ	Nikhutt N Jaaee Mool Athul Bhanddaariaa ||	The immeasurable warehouses of the Lord can never be emptied out.	ਤੇਰਾ ਖ਼ਜ਼ਾਨਾ ਬੇਅੰਤ ਹੈ (ਜੇ ਵਿਚੋਂ ਮੈਨੂੰ ਖ਼ੈਰ ਪਾ ਦੇਵੇਂ ਤਾਂ) ਮੁੱਕਦਾ ਨਹੀਂ।
14606	320	ਨਾਨਕ ਸਬਦੁ ਅਪਾਰੁ ਤਿਨਿ ਸਭੁ ਕਿਛੁ ਸਾਰਿਆ॥੧॥		Naanak Sabadh Apaar Thin Sabh Kishh Saariaa ||1||	O Nanak, the Word of the Shabad is infinite; it has arranged everything perfectly. ||1||	ਹੇ ਨਾਨਕ! (ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ) ਬਾਣੀ ਅਪਾਰ ਹੈ, ਇਸ ਬਾਣੀ ਨੇ ਮੇਰਾ ਹਰੇਕ ਕਾਰਜ ਸੰਵਾਰ ਦਿੱਤਾ ਹੈ ॥੧॥
14607	320	ਮਃ ੫॥		Ma 5 ||	Fifth Mehl:	
14608	320	ਸਿਖਹੁ ਸਬਦੁ ਪਿਆਰਿਹੋ ਜਨਮ ਮਰਨ ਕੀ ਟੇਕ॥		Sikhahu Sabadh Piaariho Janam Maran Kee Ttaek ||	O Sikhs, love the Word of the Shabad; in life and death, it is our only support.	ਹੇ ਪਿਆਰੇ ਸੱਜਣੋ! (ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ) ਗੁਰਬਾਣੀ ਚੇਤੇ ਰੱਖਣ ਦੀ ਆਦਤ ਬਣਾਓ, ਇਹ ਸਾਰੀ ਉਮਰ ਦਾ ਆਸਰਾ (ਬਣਦੀ) ਹੈ।
14609	320	ਮੁਖ ਊਜਲ ਸਦਾ ਸੁਖੀ ਨਾਨਕ ਸਿਮਰਤ ਏਕ॥੨॥		Mukh Oojal Sadhaa Sukhee Naanak Simarath Eaek ||2||	Your face shall be radiant, and you shall find a lasting peace, O Nanak, remembering the One Lord in meditation. ||2||	ਹੇ ਨਾਨਕ! (ਇਸ ਬਾਣੀ ਦੀ ਰਾਹੀਂ) ਇਕ ਪ੍ਰਭੂ ਨੂੰ ਸਿਮਰਿਆਂ ਸਦਾ ਸੁਖੀ ਰਹੀਦਾ ਹੈ ਤੇ ਮੱਥਾ ਖਿੜਿਆ ਰਹਿੰਦਾ ਹੈ ॥੨॥
14610	320	ਪਉੜੀ॥		Pourree ||	Pauree:	

14611	320	ਓਥੈ ਅੰਮ੍ਰਿਤੁ ਵੰਡੀਐ ਸੁਖੀਆ ਹਰਿ ਕਰਣੇ॥		Outhhai Anmrith Vanddeeai Sukheeaa Har Karanae ||	There, the Ambrosial Nectar is distributed; the Lord is the Bringer of peace.	ਸਭ ਜੀਵਾਂ ਨੂੰ ਸੁਖੀ ਕਰਨ ਵਾਲਾ ਹਰੀ-ਨਾਮ ਅੰਮ੍ਰਿਤ ਉਸ ਸਤਸੰਗ ਵਿਚ ਵੰਡੀਦਾ ਹੈ।
14612	320	ਜਮ ਕੈ ਪੰਥਿ ਨ ਪਾਈਅਹਿ ਫਿਰਿ ਨਾਹੀ ਮਰਣੇ॥	ਪਾਈ-ਅਹਿ	Jam Kai Panthh N Paaeeahi Fir Naahee Maranae ||	They are not placed upon the path of Death, and they shall not have to die again.	(ਜੋ ਮਨੁੱਖ ਉਹ ਅੰਮ੍ਰਿਤ ਪ੍ਰਾਪਤ ਕਰਦੇ ਹਨ ਉਹ) ਜਮ ਦੇ ਰਾਹ ਤੇ ਨਹੀਂ ਪਾਏ ਜਾਂਦੇ, ਉਹਨਾਂ ਨੂੰ ਮੁੜ ਮੌਤ (ਦਾ ਡਰ ਵਿਆਪਦਾ) ਨਹੀਂ।
14613	320	ਜਿਸ ਨੋ ਆਇਆ ਪ੍ਰੇਮ ਰਸੁ ਤਿਸੈ ਹੀ ਜਰਣੇ॥		Jis No Aaeiaa Praem Ras Thisai Hee Jaranae ||	One who comes to savor the Lord's Love experiences it.	ਜਿਸ ਮਨੁੱਖ ਨੂੰ ਹਰਿ-ਨਾਮ ਦੇ ਪਿਆਰ ਦਾ ਸੁਆਦ ਆਉਂਦਾ ਹੈ, ਉਹ ਇਸ ਸੁਆਦ ਨੂੰ ਆਪਣੇ ਅੰਦਰ ਟਿਕਾਂਦਾ ਹੈ।
14614	320	ਬਾਣੀ ਉਚਰਹਿ ਸਾਧ ਜਨ ਅਮਿਉ ਚਲਹਿ ਝਰਣੇ॥	(ਅਮਿਉ ਮਿਲਵਾਂ) ਅੰਮ੍ਰਿਤ। ਉੱਚਰ-ਹਿ। ਚੱਲਹਿ	Baanee Oucharehi Saadhh Jan Amio Chalehi Jharanae ||	The Holy beings chant the Bani of the Word, like nectar flowing from a spring.	(ਸਤਸੰਗ ਵਿਚ) ਗੁਰਮੁਖ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦੇ ਹਨ ਓਥੇ ਅੰਮ੍ਰਿਤ ਦੇ, ਮਾਨੋ, ਫੁਹਾਰੇ ਚੱਲ ਪੈਂਦੇ ਹਨ।
14615	320	ਪੇਖਿ ਦਰਸਨੁ ਨਾਨਕੁ ਜੀਵਿਆ ਮਨ ਅੰਦਰਿ ਧਰਣੇ॥੯॥	(ਧਰਣੇ) ਧਾਰਨ ਕੀਤਾ	Paekh Dharasan Naanak Jeeviaa Man Andhar Dhharanae ||9||	Nanak lives by beholding the Blessed Vision of the Darshan of those who have implanted the Lord's Name within their minds. ||9||	ਨਾਨਕ (ਭੀ ਉਸ ਸਤਸੰਗ ਦਾ) ਦਰਸ਼ਨ ਕਰ ਕੇ ਜੀਊ ਰਿਹਾ ਹੈ ਤੇ ਮਨ ਵਿਚ ਹਰਿ-ਨਾਮ ਨੂੰ ਧਾਰਨ ਕਰ ਰਿਹਾ ਹੈ ॥੯॥
14616	320	ਸਲੋਕ ਮਃ ੫॥		Salok Ma 5 ||	Shalok, Fifth Mehl:	

14617	320	ਸਤਿਗੁਰਿ ਪੂਰੈ ਸੇਵਿਐ ਦੂਖਾ ਕਾ ਹੋਇ ਨਾਸੁ॥		Sathigur Poorai Saeviai Dhookhaa Kaa Hoe Naas ||	Serving the Perfect True Guru, suffering ends.	ਹੇ ਨਾਨਕ! ਜੇ ਪੂਰੇ ਗੁਰੂ ਦੇ ਦੱਸੇ ਰਾਹ ਤੇ ਤੁਰੀਏ ਤਾਂ ਦੁੱਖਾਂ ਦਾ ਨਾਸ ਹੋ ਜਾਂਦਾ ਹੈ,
14618	320	ਨਾਨਕ ਨਾਮਿ ਅਰਾਧਿਐ ਕਾਰਜੁ ਆਵੈ ਰਾਸਿ॥੧॥		Naanak Naam Araadhhiai Kaaraj Aavai Raas ||1||	O Nanak, worshipping the Naam in adoration, one's affairs come to be resolved. ||1||	ਤੇ ਜੇ ਨਾਮ ਸਿਮਰੀਏ ਤਾਂ ਜੀਵਨ ਦਾ ਮਨੋਰਥ ਸਫਲ ਹੋ ਜਾਂਦਾ ਹੈ ॥੧॥
14619	320	ਮਃ ੫॥		Ma 5 ||	Fifth Mehl:	
14620	320	ਜਿਸੁ ਸਿਮਰਤ ਸੰਕਟ ਛੁਟਹਿ ਅਨਦ ਮੰਗਲ ਬਿਸ੍ਰਾਮ॥		Jis Simarath Sankatt Shhuttehi Anadh Mangal Bisraam ||	Remembering Him in meditation, misfortune departs, and one comes to abide in peace and bliss.	ਜਿਸ ਪਰਮਾਤਮਾ ਨੂੰ ਸਿਮਰਿਆਂ ਸਾਰੇ ਦੁੱਖ ਦੂਰ ਹੋ ਜਾਂਦੇ ਹਨ ਤੇ (ਹਿਰਦੇ ਵਿਚ) ਅਨੰਦ ਖ਼ੁਸ਼ੀਆਂ ਦਾ ਨਿਵਾਸ ਹੁੰਦਾ ਹੈ,
14621	320	ਨਾਨਕ ਜਪੀਐ ਸਦਾ ਹਰਿ ਨਿਮਖ ਨ ਬਿਸਰਉ ਨਾਮੁ ॥੨॥		Naanak Japeeai Sadhaa Har Nimakh N Bisaro Naam ||2||	O Nanak, meditate forever on the Lord - do not forget Him, even for an instant. ||2||	ਹੇ ਨਾਨਕ! ਉਸ ਨੂੰ ਸਦਾ ਸਿਮਰੀਏ, ਕਦੇ ਅੱਖ ਦੇ ਫੋਰ ਜਿਤਨੇ ਸਮੇ ਲਈ ਭੀ ਉਹ ਹਰਿ-ਨਾਮ ਅਸਾਨੂੰ ਨਾਹ ਭੁੱਲੇ ॥੨॥
14622	320	ਪਉੜੀ॥		Pourree ||	Pauree:	

14623	320	ਤਿਨ ਕੀ ਸੋਭਾ ਕਿਆ ਗਣੀ ਜਿਨੀ ਹਰਿ ਹਰਿ ਲਧਾ॥	ਲੱਧਾ	Thin Kee Sobhaa Kiaa Ganee Jinee Har Har Ladhhaa ||	How can I estimate the glory of those, who have found the Lord, Har, Har?	ਜਿਨ੍ਹਾਂ (ਗੁਰਮੁਖਾਂ) ਨੇ ਰੱਬ ਨੂੰ ਲੱਭ ਲਿਆ ਹੈ ਉਹਨਾਂ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ।
14624	320	ਸਾਧਾ ਸਰਣੀ ਜੋ ਪਵੈ ਸੁ ਛੁਟੈ ਬਧਾ॥	ਸਾਧਾਂ: ਪੋਲਾ ਬੋਲੋ। ਛੁੱਟੈ ਬੱਧਾ	Saadhhaa Saranee Jo Pavai S Shhuttai Badhhaa ||	One who seeks the Sanctuary of the Holy is released from bondage.	ਜੋ ਮਨੁੱਖ ਉਹਨਾਂ ਗੁਰਮੁਖਾਂ ਦੀ ਸ਼ਰਨ ਆਉਂਦਾ ਹੈ ਉਹ ਮਾਇਆ ਦੇ ਬੰਧਨਾਂ ਵਿਚ ਬੱਝਾ ਹੋਇਆ ਮੁਕਤ ਹੋ ਜਾਂਦਾ ਹੈ (ਭਾਵ, ਉਸ ਦੇ ਮਾਇਕ ਬੰਧਨ ਟੁੱਟ ਜਾਂਦੇ ਹਨ।)
14625	320	ਗੁਣ ਗਾਵੈ ਅਬਿਨਾਸੀਐ ਜੋਨਿ ਗਰਭਿ ਨ ਦਧਾ॥	(ਦੱਧਾ) ਸੜਦਾ	Gun Gaavai Abinaaseeai Jon Garabh N Dhadhhaa ||	One who sings the Glorious Praises of the Imperishable Lord does not burn in the womb of reincarnation.	ਉਹ ਅਬਿਨਾਸੀ ਪ੍ਰਭੂ ਦੇ ਗੁਣ ਗਾਉਂਦਾ ਹੈ ਤੇ ਜੂਨਾਂ ਵਿਚ ਪੈ ਪੈ ਕੇ ਨਹੀਂ ਸੜਦਾ।
14626	320	ਗੁਰੁ ਭੇਟਿਆ ਪਾਰਬ੍ਰਹਮੁ ਹਰਿ ਪੜਿ ਬੁਝਿ ਸਮਧਾ॥	(ਸਮੱਧਾ)ਸਮਝਿਆ। ਬੁੱਝਿ	Gur Bhaettiaa Paarabreham Har Parr Bujh Samadhhaa ||	One who meets the Guru and the Supreme Lord God, who reads and understands, enters the state of Samaadhi.	ਉਸ ਨੂੰ ਗੁਰੂ ਮਿਲ ਪੈਂਦਾ ਹੈ, ਉਹ ਪ੍ਰਭੂ ਦੀ ਸਿਫ਼ਤਿ-ਸਾਲਾਹ ਉਚਾਰ ਕੇ ਤੇ ਸਮਝ ਕੇ ਸ਼ਾਂਤੀ ਪ੍ਰਾਪਤ ਕਰਦਾ ਹੈ।

14627	320	ਨਾਨਕ ਪਾਇਆ ਸੋ ਧਣੀ ਹਰਿ ਅਗਮ ਅਗਧਾ॥੧੦॥	(ਅਗਮੋ) ਸੋਗ ਰਹਿਤ।ਅ-ਗਮ: ਪੋਲਾ ਬੋਲੋ। ਅ-ਗੱਧਾ	Naanak Paaeiaa So Dhhanee Har Agam Agadhhaa ||10||	Nanak has obtained that Lord Master, who is inaccessible and unfathomable. ||10||	ਹੇ ਨਾਨਕ! ਉਸ ਮਨੁੱਖ ਨੇ ਅਥਾਹ ਤੇ ਅਪਹੁੰਚ ਮਾਲਕ ਹਰੀ ਨੂੰ ਪਾ ਲਿਆ ਹੈ ॥੧੦॥
14628	320	ਸਲੋਕ ਮਃ ੫॥		Salok Ma 5 ||	Shalok, Fifth Mehl:	
14629	320	ਕਾਮੁ ਨ ਕਰਹੀ ਆਪਣਾ ਫਿਰਹਿ ਅਵਤਾ ਲੋਇ॥	ਜ਼ੋਰ ਜ਼ੁਲਮ ਕਰਦਾ (ਅਵੱਤਾ) ਆਪ ਮੁਹਾਰਾ	Kaam N Karehee Aapanaa Firehi Avathaa Loe ||	People do not perform their duties, but instead, they wander around aimlessly.	(ਹੇ ਜੀਵ!) ਤੂੰ ਆਪਣਾ (ਅਸਲ) ਕੰਮ ਨਹੀਂ ਕਰਦਾ ਤੇ ਜਗਤ ਵਿਚ ਆਪ-ਹੁਦਰਾ ਫਿਰ ਰਿਹਾ ਹੈਂ।
14630	320	ਨਾਨਕ ਨਾਇ ਵਿਸਾਰਿਐ ਸੁਖੁ ਕਿਨੇਹਾ ਹੋਇ॥੧॥		Naanak Naae Visaariai Sukh Kinaehaa Hoe ||1||	O Nanak, if they forget the Name, how can they ever find peace? ||1||	ਹੇ ਨਾਨਕ! ਜੇ ਪ੍ਰਭੂ ਦਾ ਨਾਮ ਵਿਸਾਰ ਦਿੱਤਾ ਜਾਏ ਤਾਂ ਕੋਈ ਭੀ ਸੁਖ ਨਹੀਂ ਹੋ ਸਕਦਾ ॥੧॥
14631	320	ਮਃ ੫॥		Ma 5 ||	Fifth Mehl:	
14632	320	ਬਿਖੈ ਕਉੜਤਣਿ ਸਗਲ ਮਾਹਿ ਜਗਤਿ ਰਹੀ ਲਪਟਾਇ॥	ਬਿਖੈ:ਪੋਲਾ ਬੋਲੋ, ਕਉ-ੜੱਤਣਿ। ਜੱਗ-ਤਿ	Bikhai Kourrathan Sagal Maahi Jagath Rehee Lapattaae ||	The bitter poison of corruption is everywhere; it clings to the substance of the world.	(ਮਾਇਆ) ਜ਼ਹਿਰ ਦੀ ਕੁੱੜਤਣ ਸਾਰੇ ਜੀਵਾਂ ਵਿਚ ਹੈ, ਜਗਤ ਵਿਚ ਸਭ ਨੂੰ ਚੰਬੜੀ ਹੋਈ ਹੈ।

14633	320	ਨਾਨਕ ਜਨਿ ਵੀਚਾਰਿਆ ਮੀਠਾ ਹਰਿ ਕਾ ਨਾਉ॥੨॥		Naanak Jan Veechaariaa Meethaa Har Kaa Naao ||2||	O Nanak, the humble being has realized that the Name of the Lord alone is sweet. ||2||	ਹੇ ਨਾਨਕ! (ਸਿਰਫ਼ ਪ੍ਰਭੂ ਦੇ) ਸੇਵਕ ਨੇ ਇਹ ਵਿਚਾਰ ਕੀਤੀ ਹੈ ਕਿ ਪਰਮਾਤਮਾ ਦਾ ਨਾਮ ਹੀ ਮਿੱਠਾ ਹੈ ॥੨॥
14634	320	ਪਉੜੀ॥		Pourree ||	Pauree:	
14635	320	ਇਹ ਨੀਸਾਣੀ ਸਾਧ ਕੀ ਜਿਸੁ ਭੇਟਤ ਤਰੀਐ॥		Eih Neesaanee Saadhh Kee Jis Bhaettath Thareeai ||	This is the distinguishing sign of the Holy Saint, that by meeting with him, one is saved.	ਸਾਧੂ ਦੀ ਇਹ ਨਿਸ਼ਾਨੀ ਹੈ ਕਿ ਉਸ ਨੂੰ ਮਿਲਿਆਂ (ਸੰਸਾਰ) ਸਮੁੰਦਰ ਤੋਂ ਤਰ ਜਾਈਦਾ ਹੈ।
14636	320	ਜਮਕੰਕਰੁ ਨੇੜਿ ਨ ਆਵਈ ਫਿਰਿ ਬਹੁੜਿ ਨ ਮਰੀਐ॥		Jamakankar Naerr N Aavee Fir Bahurr N Mareeai ||	The Messenger of Death does not come near him; he never has to die again.	ਜਮ ਦਾ ਸੇਵਕ (ਭਾਵ, ਜਮਦੂਤ) ਨੇੜੇ ਨਹੀਂ ਢੁਕਦਾ ਤੇ ਮੁੜ ਮੁੜ ਨਹੀਂ ਮਰੀਦਾ।
14637	320	ਭਵ ਸਾਗਰੁ ਸੰਸਾਰੁ ਬਿਖੁ ਸੋ ਪਾਰਿ ਉਤਰੀਐ॥	ਬਿਖੁ: ਪੋਲਾ ਬੋਲੋ, ਉ-ਤਰੀਐ	Bhav Saagar Sansaar Bikh So Paar Outhareeai ||	He crosses over the terrifying, poisonous world-ocean.	ਜੋ ਜ਼ਹਿਰ ਰੂਪ ਸੰਸਾਰ-ਸਮੁੰਦਰ ਹੈ ਇਸ ਤੋਂ ਪਾਰ ਲੰਘ ਜਾਈਦਾ ਹੈ।
14638	320	ਹਰਿ ਗੁਣ ਗੁੰਫਹੁ ਮਨਿ ਮਾਲ ਹਰਿ ਸਭ ਮਲੁ ਪਰਹਰੀਐ॥	(ਗੁੰਫਹੁ) ਗੁੰਦਣਾ ਕਰੋ। (ਮਾਲ) ਮਾਲ਼ਾ। (ਪਰ-ਹਰੀਐ) ਦੂਰ ਹੁੰਦੀ	Har Gun Gunfahu Man Maal Har Sabh Mal Parehareeai ||	So weave the garland of the Lord's Glorious Praises into your mind, and all your filth shall be washed away.	ਹੇ ਭਾਈ! (ਸਾਧੂ ਗੁਰਮੁਖ ਨੇ ਮਿਲ ਕੇ) ਮਨ ਵਿਚ ਪਰਮਾਤਮਾ ਦੇ ਗੁਣਾਂ ਦੀ ਮਾਲਾ ਗੁੰਦੋ, ਮਨ ਦੀ ਸਾਰੀ ਮੈਲ ਦੂਰ ਹੋ ਜਾਂਦੀ ਹੈ।

14639	320	ਨਾਨਕ ਪ੍ਰੀਤਮ ਮਿਲਿ ਰਹੇ ਪਾਰਬ੍ਰਹਮ ਨਰਹਰੀਐ॥੧੧॥	ਨਰ-ਹਰੀਐ	Naanak Preetham Mil Rehae Paarabreham Narehareeai ||11||	Nanak remains blended with his Beloved, the Supreme Lord God. ||11||	ਹੇ ਨਾਨਕ! (ਜਿਨ੍ਹਾਂ ਨੇ ਇਹ ਮਾਲਾ ਗੁੰਦੀ ਹੈ) ਉਹ ਪਾਰਬ੍ਰਹਮ ਪਰਮਾਤਮਾ ਨੂੰ ਮਿਲੇ ਰਹਿੰਦੇ ਹਨ ॥੧੧॥
14640	320	ਸਲੋਕ ਮਃ ੫॥		Salok Ma 5 ||	Shalok, Fifth Mehl:	
14641	320	ਨਾਨਕ ਆਏ ਸੇ ਪਰਵਾਣੁ ਹੈ ਜਿਨ ਹਰਿ ਵੁਠਾ ਚਿਤਿ॥	(ਵੁੱਠਾ) ਵਸਿਆ	Naanak Aaeae Sae Paravaan Hai Jin Har Vuthaa Chith ||	O Nanak, approved is the birth of those, within whose consciousness the Lord abides.	ਹੇ ਨਾਨਕ! ਜਿਨ੍ਹਾਂ ਮਨੁੱਖਾਂ ਦੇ ਚਿੱਤ ਵਿਚ ਪਰਮਾਤਮਾ ਆ ਵੱਸਿਆ ਹੈ ਉਹਨਾਂ ਦਾ ਆਉਣਾ ਸਫਲ ਹੈ।
14642	320	ਗਾਲ੍ਹੀ ਅਲਪਲਾਲੀਆ ਕੰਮਿ ਨ ਆਵਹਿ ਮਿਤ॥੧॥	ਅਲਪਲਾਲੀਆ:ਪੋਲਾ ਬੋਲੋ। (ਅਲ-ਪਲਾਲੀਆ) ਬਿਅਰਥ। ਗਾਲ੍ਹੀਂ	Gaalhee Al Palaaleeaa Kanm N Aavehi Mith ||1||	Useless talk and babbling is useless, my friend. ||1||	ਹੇ ਮਿੱਤਰ! ਫੋਕੀਆਂ ਗੱਲਾਂ ਕਿਸੇ ਕੰਮ ਨਹੀਂ ਆਉਂਦੀਆਂ (ਨਾਮ ਤੋਂ ਵਾਂਜੇ ਰਹਿ ਕੇ ਫੋਕੀਆਂ ਗੱਲਾਂ ਦਾ ਕੋਈ ਲਾਭ ਨਹੀਂ ਹੁੰਦਾ) ॥੧॥
14643	320	ਮਃ ੫॥		Ma 5 ||	Fifth Mehl:	
14644	320	ਪਾਰਬ੍ਰਹਮੁ ਪ੍ਰਭੁ ਦ੍ਰਿਸਟੀ ਆਇਆ ਪੂਰਨ ਅਗਮ ਬਿਸਮਾਦ॥		Paarabreham Prabh Dhrisattee Aaeiaa Pooran Agam Bisamaadh ||	I have come to see the Supreme Lord God, the Perfect, Inaccessible, Wonderful Lord.	ਉਸ ਮਨੁੱਖ ਨੂੰ ਅਪਹੁੰਚ ਤੇ ਅਚਰਜ-ਰੂਪ ਪ੍ਰਭੂ ਹਰ ਥਾਂ ਮੌਜੂਦ ਦਿੱਸ ਪਿਆ ਹੈ,

14645	321	ਨਾਨਕ ਰਾਮ ਨਾਮੁ ਧਨੁ ਕੀਤਾ ਪੂਰੇ ਗੁਰ ਪਰਸਾਦਿ॥੨॥		Naanak Raam Naam Dhhan Keethaa Poorae Gur Parasaadh ||2||	Nanak has made the Lord's Name his wealth, by the Grace of the Perfect Guru. ||2||	ਹੇ ਨਾਨਕ! (ਜਿਸ ਨੇ) ਪੂਰੇ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਨਾਮ ਨੂੰ ਆਪਣਾ ਧਨ ਬਣਾਇਆ ਹੈ ॥੨॥
14646	321	ਪਉੜੀ॥		Pourree ||	Pauree:	
14647	321	ਧੋਹੁ ਨ ਚਲੀ ਖਸਮ ਨਾਲਿ ਲਬਿ ਮੋਹਿ ਵਿਗੁਤੇ॥	(ਧੋਹੁ) ਠੱਗੀ। (ਵਿ-ਗੁੱਤੇ) ਖੁਆਰ। ਚੱਲੀ ਲੱਬਿ	Dhhohu N Chalee Khasam Naal Lab Mohi Viguthae ||	Deception does not work with our Lord and Master; through their greed and emotional attachment, people are ruined.	ਖਸਮ (ਪ੍ਰਭੂ) ਨਾਲ ਧੋਖਾ ਕਾਮਯਾਬ ਨਹੀਂ ਹੋ ਸਕਦਾ, ਜੋ ਮਨੁੱਖ ਲੱਬ ਵਿਚ ਤੇ ਮੋਹ ਵਿਚ ਫਸੇ ਹੋਏ ਹਨ ਉਹ ਖ਼ੁਆਰ ਹੁੰਦੇ ਹਨ।
14648	321	ਕਰਤਬ ਕਰਨਿ ਭਲੇਰਿਆ ਮਦਿ ਮਾਇਆ ਸੁਤੇ॥	(ਭਲੇਰਿਆ) ਮੰਦੇ।ਕਰ-ਤਬ। ਮਦਿ: ਪੋਲਾ ਬੋਲੋ। ਸੁੱਤੇ	Karathab Karan Bhalaeriaa Madh Maaeiaa Suthae ||	They do their evil deeds, and sleep in the intoxication of Maya.	ਮਾਇਆ ਦੇ ਨਸ਼ੇ ਵਿਚ ਸੁੱਤੇ ਹੋਏ ਬੰਦੇ ਮੰਦੀਆਂ ਕਰਤੂਤਾਂ ਕਰਦੇ ਹਨ,
14649	321	ਫਿਰਿ ਫਿਰਿ ਜੂਨਿ ਭਵਾਈਅਨਿ ਜਮ ਮਾਰਗਿ ਮੁਤੇ॥	(ਮੁੱਤੇ) ਛੱਡੇ ਗਏ	Fir Fir Joon Bhavaaeean Jam Maarag Muthae ||	Time and time again, they are consigned to reincarnation, and abandoned on the path of Death.	ਮੁੜ ਮੁੜ ਜੂਨਾਂ ਵਿਚ ਧੱਕੇ ਜਾਂਦੇ ਹਨ ਤੇ ਜਮਰਾਜ ਦੇ ਰਾਹ ਵਿਚ (ਨਿਖਸਮੇ) ਛੱਡੇ ਜਾਂਦੇ ਹਨ,
14650	321	ਕੀਤਾ ਪਾਇਨਿ ਆਪਣਾ ਦੁਖ ਸੇਤੀ ਜੁਤੇ॥	(ਸੇੱਤੀ) ਨਾਲ (ਜੁੱਤੇ) ਜੁੜੇ	Keethaa Paaein Aapanaa Dhukh Saethee Juthae ||	They receive the consequences of their own actions, and are yoked to their pain.	ਆਪਣੇ (ਮੰਦੇ) ਕੀਤੇ (ਕੰਮਾਂ) ਦਾ ਫਲ ਪਾਂਦੇ ਹਨ, ਦੁੱਖਾਂ ਨਾਲ ਜੁੱਟ ਕੀਤੇ ਜਾਂਦੇ ਹਨ।

14651	321	ਨਾਨਕ ਨਾਇ ਵਿਸਾਰਿਐ ਸਭ ਮੰਦੀ ਰੁਤੇ॥੧੨॥	ਰੁੱਤੇ	Naanak Naae Visaariai Sabh Mandhee Ruthae ||12||	O Nanak, if one forgets the Name, all the seasons are evil. ||12||	ਹੇ ਨਾਨਕ! ਜੇ ਪ੍ਰਭੂ ਦਾ ਨਾਮ ਵਿਸਾਰ ਦਿੱਤਾ ਜਾਏ ਤਾਂ (ਜੀਵ ਲਈ) ਸਾਰੀ ਰੁੱਤ ਮੰਦੀ ਹੀ ਜਾਣੋ ॥੧੨॥
14652	321	ਸਲੋਕ ਮਃ ੫॥		Salok Ma 5 ||	Shalok, Fifth Mehl:	
14653	321	ਉਠੰਦਿਆ ਬਹੰਦਿਆ ਸਵੰਦਿਆ ਸੁਖੁ ਸੋਇ॥		Outhandhiaa Behandhiaa Savandhiaa Sukh Soe ||	While standing up, sitting down and sleeping, be at peace;	(ਪਰਮਾਤਮਾ ਦਾ ਨਾਮ ਜਪਿਆਂ) ਉੱਠਦਿਆਂ ਬੈਠਦਿਆਂ ਸੁੱਤਿਆਂ ਹਰ ਵੇਲੇ ਇਕ-ਸਾਰ ਸੁਖ ਬਣਿਆ ਰਹਿੰਦਾ ਹੈ।
14654	321	ਨਾਨਕ ਨਾਮਿ ਸਲਾਹਿਐ ਮਨੁ ਤਨੁ ਸੀਤਲੁ ਹੋਇ॥੧॥		Naanak Naam Salaahiai Man Than Seethal Hoe ||1||	O Nanak, praising the Naam, the Name of the Lord, the mind and body are cooled and soothed. ||1||	ਹੇ ਨਾਨਕ! ਜੇ ਪ੍ਰਭੂ ਦੇ ਨਾਮ ਦੀ ਵਡਿਆਈ ਕਰਦੇ ਰਹੀਏ ਤਾਂ ਮਨ ਤੇ ਸਰੀਰ ਠੰਢੇ-ਠਾਰ ਰਹਿੰਦੇ ਹਨ ॥੧॥
14655	321	ਮਃ ੫॥		Ma 5 ||	Fifth Mehl:	
14656	321	ਲਾਲਚਿ ਅਟਿਆ ਨਿਤ ਫਿਰੈ ਸੁਆਰਥੁ ਕਰੇ ਨ ਕੋਇ॥	(ਅੱਟਿਆ) ਭਰਿਆ। (ਸੁਆਰਥੁ) ਭਲਾ ਕੰਮ	Laalach Attiaa Nith Firai Suaarathh Karae N Koe ||	Filled with greed, he constantly wanders around; he does not do any good deeds.	(ਜਗਤ ਮਾਇਆ ਦੇ) ਲਾਲਚ ਨਾਲ ਲਿੱਬੜਿਆ ਹੋਇਆ ਸਦਾ (ਭਟਕਦਾ) ਫਿਰਦਾ ਹੈ, ਕੋਈ ਭੀ ਬੰਦਾ ਆਪਣੇ ਅਸਲੀ ਭਲੇ ਦਾ ਕੰਮ ਨਹੀਂ ਕਰਦਾ।

14657	321	ਜਿਸੁ ਗੁਰੁ ਭੇਟੈ ਨਾਨਕਾ ਤਿਸੁ ਮਨਿ ਵਸਿਆ ਸੋਇ॥੨॥		Jis Gur Bhaettai Naanakaa This Man Vasiaa Soe ||2||	O Nanak, the Lord abides within the mind of one who meets with the Guru. ||2||	(ਪਰ) ਹੇ ਨਾਨਕ! ਜਿਸ ਮਨੁੱਖ ਨੂੰ ਸਤਿਗੁਰੂ ਮਿਲਦਾ ਹੈ ਉਸ ਦੇ ਮਨ ਵਿਚ ਉਹ ਪ੍ਰਭੂ ਵੱਸ ਪੈਂਦਾ ਹੈ ॥੨॥
14658	321	ਪਉੜੀ॥		Pourree ||	Pauree:	
14659	321	ਸਭੇ ਵਸਤੂ ਕਉੜੀਆ ਸਚੇ ਨਾਉ ਮਿਠਾ॥	ਮਿੱਠਾ	Sabhae Vasathoo Kourreeaa Sachae Naao Mithaa ||	All material things are bitter; the True Name alone is sweet.	(ਦੁਨੀਆ ਦੀਆਂ ਬਾਕੀ) ਸਾਰੀਆਂ ਚੀਜ਼ਾਂ (ਆਖ਼ਰ) ਕੌੜੀਆਂ (ਹੋ ਜਾਂਦੀਆਂ) ਹਨ (ਇਕ) ਸੱਚੇ ਪ੍ਰਭੂ ਦਾ ਨਾਮ (ਹੀ ਸਦਾ) ਮਿੱਠਾ (ਰਹਿੰਦਾ) ਹੈ,
14660	321	ਸਾਦੁ ਆਇਆ ਤਿਨ ਹਰਿ ਜਨਾਂ ਚਖਿ ਸਾਧੀ ਡਿਠਾ॥	ਸਾਧੀਂ: ਪੋਲਾ ਬੋਲੋ, ਚੱਖਿ ਡਿੱਠਾ	Saadh Aaeiaa Thin Har Janaan Chakh Saadhhee Ddithaa ||	Those humble servants of the Lord who taste it, come to savor its flavor.	(ਪਰ) ਇਹ ਸੁਆਦ ਉਨ੍ਹਾਂ ਸਾਧੂਆਂ ਨੂੰ ਹਰਿ-ਜਨਾਂ ਨੂੰ ਆਉਂਦਾ ਹੈ ਜਿਨ੍ਹਾਂ (ਇਹ ਨਾਮ-ਰਸ) ਚੱਖ ਕੇ ਵੇਖਿਆ ਹੈ,
14661	321	ਪਾਰਬ੍ਰਹਮਿ ਜਿਸੁ ਲਿਖਿਆ ਮਨਿ ਤਿਸੈ ਵੁਠਾ॥	(ਵੁੱਠਾ) ਵਸਿਆ	Paarabreham Jis Likhiaa Man Thisai Vuthaa ||	It comes to dwell within the mind of those who are so pre-destined by the Supreme Lord God.	ਤੇ ਉਸੇ ਮਨੁੱਖ ਦੇ ਮਨ ਵਿਚ (ਇਹ ਸੁਆਦ) ਆ ਕੇ ਵੱਸਦਾ ਹੈ ਜਿਸ ਦੇ ਭਾਗਾਂ ਵਿਚ ਪਾਰਬ੍ਰਹਮ ਨੇ ਲਿਖ ਦਿੱਤਾ ਹੈ।
14662	321	ਇਕੁ ਨਿਰੰਜਨੁ ਰਵਿ ਰਹਿਆ ਭਾਉ ਦੁਯਾ ਕੁਠਾ॥	(ਕੁੱਠਾ) ਨਾਸ ਕੀਤਾ। ਦੁਯਾ ਯਾ ਤਾਲੂ ਤੋਂ ਬੋਲੋ	Eik Niranjan Rav Rehiaa Bhaao Dhuyaa Kuthaa ||	The One Immaculate Lord is pervading everywhere; He destroys the love of duality.	(ਐਸੇ ਭਾਗਾਂ ਵਾਲੇ ਨੂੰ) ਮਾਇਆ-ਰਹਿਤ ਪ੍ਰਭੂ ਹੀ ਹਰ ਥਾਂ ਦਿੱਸਦਾ ਹੈ (ਉਸ ਮਨੁੱਖ ਦਾ) ਦੂਜਾ ਭਾਵ ਨਾਸ ਹੋ ਜਾਂਦਾ ਹੈ।

14663	321	ਹਰਿ ਨਾਨਕੁ ਮੰਗੈ ਜੋੜਿ ਕਰਿ ਪ੍ਰਭੁ ਦੇਵੈ ਤੁਠਾ॥੧੩॥	ਤੁੱਠਾ	Har Naanak Mangai Jorr Kar Prabh Dhaevai Thuthaa ||13||	Nanak begs for the Lord's Name, with his palms pressed together; by His Pleasure, God has granted it. ||13||	ਨਾਨਕ ਭੀ ਦੋਵੇਂ ਹੱਥ ਜੋੜ ਕੇ ਹਰੀ ਪਾਸੋਂ ਇਹ ਨਾਮ-ਰਸ ਮੰਗਦਾ ਹੈ, (ਪਰ) ਪ੍ਰਭੂ (ਉਸ ਨੂੰ) ਦੇਂਦਾ ਹੈ (ਜਿਸ ਉਤੇ) ਪ੍ਰਸੰਨ ਹੁੰਦਾ ਹੈ ॥੧੩॥
14664	321	ਸਲੋਕ ਮਃ ੫॥		Salok Ma 5 ||	Shalok, Fifth Mehl:	
14665	321	ਜਾਚੜੀ ਸਾ ਸਾਰੁ ਜੋ ਜਾਚੰਦੀ ਹੇਕੜੋ॥	(ਜਾਚੜੀ) ਮੰਗ। (ਸਾਰੁ) ਸ੍ਰੇਸ਼ਟ। (ਜਾਚੰਦੀ) ਮੰਗਦੀ। (ਹੇਕੜੋ) ਇਕ ਪ੍ਰਭੂ	Jaacharree Saa Saar Jo Jaachandhee Haekarro ||	The most excellent begging is begging for the One Lord.	ਉਹ ਤਰਲਾ ਸਭ ਤੋਂ ਚੰਗਾ ਹੈ ਜੋ (ਭਾਵ, ਜਿਸ ਦੀ ਰਾਹੀਂ ਮਨੁੱਖ) ਇਕ ਪ੍ਰਭੂ (ਦੇ ਨਾਮ) ਨੂੰ ਮੰਗਦਾ ਹੈ।
14666	321	ਗਾਲ੍ਹੀ ਬਿਆ ਵਿਕਾਰ ਨਾਨਕ ਧਣੀ ਵਿਹੂਣੀਆ॥੧॥	(ਬਿਆ) ਹੋਰ। (ਵਿਕਾਰ) ਬੇਕਾਰ। (ਧਣੀ) ਮਾਲਕ ਪ੍ਰਭੂ। (ਵਿਹੂਣੀਆ) ਬਿਨਾਂ	Gaalhee Biaa Vikaar Naanak Dhhanee Vihooneeaa ||1||	Other talk is corrupt, O Nanak, except that of the Lord Master. ||1||	ਹੇ ਨਾਨਕ! ਮਾਲਕ-ਪ੍ਰਭੂ ਤੋਂ ਬਾਹਰੀਆਂ ਹੋਰ ਗੱਲਾਂ ਸਭ ਵਿਅਰਥ ਹਨ ॥੧॥
14667	321	ਮਃ ੫॥		Ma 5 ||	Fifth Mehl:	
14668	321	ਨੀਹਿ ਜਿ ਵਿਧਾ ਮੰਨੁ ਪਛਾਣੂ ਵਿਰਲੋ ਥਿਓ॥	(ਨੀਹਿ) ਪ੍ਰੇਮ। (ਵਿੱਧਾ) ਵਿੰਨ੍ਹਿਆਂ। (ਥਿਓ) ਹੋਇਆ	Neehi J Vidhhaa Mann Pashhaanoo Viralo Thhiou ||	One who recognizes the Lord is very rare; his mind is pierced through with the Love of the Lord.	ਅਜੇਹਾ (ਰੱਬ ਦੀ) ਪਛਾਣ ਵਾਲਾ ਕੋਈ ਵਿਰਲਾ ਬੰਦਾ ਹੁੰਦਾ ਹੈ, ਜਿਸ ਦਾ ਮਨ ਪ੍ਰਭੂ ਦੇ ਪ੍ਰੇਮ ਵਿਚ ਵਿੰਨ੍ਹਿਆ ਹੋਵੇ।

14669	321	ਜੋੜਣਹਾਰਾ ਸੰਤੁ ਨਾਨਕ ਪਾਧਰੁ ਪਧਰੋ॥੨॥	(ਪਾਧਰੁ) ਰਸਤਾ। ਪੱਧਰੋ	Jorranehaaraa Santh Naanak Paadhhar Padhharo ||2||	Such a Saint is the Uniter, O Nanak - he straightens out the path. ||2||	ਹੇ ਨਾਨਕ! ਅਜੇਹਾ ਸੰਤ (ਹੋਰਨਾਂ ਨੂੰ ਭੀ ਰੱਬ ਨਾਲ) ਜੋੜਨ ਤੇ ਸਮਰੱਥ ਹੁੰਦਾ ਹੈ ਤੇ (ਰੱਬ ਨੂੰ ਮਿਲਣ ਲਈ) ਸਿੱਧਾ ਰਾਹ ਵਿਖਾ ਦੇਂਦਾ ਹੈ ॥੨॥
14670	321	ਪਉੜੀ॥		Pourree ||	Pauree:	
14671	321	ਸੋਈ ਸੇਵਿਹੁ ਜੀਅੜੇ ਦਾਤਾ ਬਖਸਿੰਦੁ॥	ਬਖ-ਸਿੰਦੁ	Soee Saevihu Jeearrae Dhaathaa Bakhasindh ||	Serve Him, O my soul, who is the Giver and the Forgiver.	ਹੇ ਮੇਰੀ ਜਿੰਦੇ! ਉਸ ਪਰਮੇਸਰ ਨੂੰ ਸਿਮਰ ਜੋ ਸਭ ਦਾਤਾਂ ਦੇਣ ਵਾਲਾ ਹੈ ਤੇ ਬਖ਼ਸ਼ਸ਼ਾਂ ਕਰਨ ਵਾਲਾ ਹੈ।
14672	321	ਕਿਲਵਿਖ ਸਭਿ ਬਿਨਾਸੁ ਹੋਨਿ ਸਿਮਰਤ ਗੋਵਿੰਦੁ॥		Kilavikh Sabh Binaas Hon Simarath Govindh ||	All sinful mistakes are erased, by meditating in remembrance on the Lord of the Universe.	ਪਰਮੇਸ਼ਰ ਨੂੰ ਸਿਮਰਿਆਂ ਸਾਰੇ ਪਾਪ ਨਾਸ ਹੋ ਜਾਂਦੇ ਹਨ।
14673	321	ਹਰਿ ਮਾਰਗੁ ਸਾਧੂ ਦਸਿਆ ਜਪੀਐ ਗੁਰ ਮੰਤੁ॥	ਦੱਸਿਆ	Har Maarag Saadhhoo Dhasiaa Japeeai Guramanth ||	The Holy Saint has shown me the Way to the Lord; I chant the GurMantra.	ਗੁਰੂ ਨੇ ਪ੍ਰਭੂ (ਨੂੰ ਮਿਲਣ) ਦਾ ਰਾਹ ਦੱਸਿਆ ਹੈ।
14674	321	ਮਾਇਆ ਸੁਆਦ ਸਭਿ ਫਿਕਿਆ ਹਰਿ ਮਨਿ ਭਾਵੰਦੁ॥	(ਭਾਵੰਦੁ) ਭਾਉਂਦਾ। ਫਿੱਕਿਆ	Maaeiaa Suaadh Sabh Fikiaa Har Man Bhaavandh ||	The taste of Maya is totally bland and insipid; the Lord alone is pleasing to my mind.	ਗੁਰੂ ਦਾ ਉਪਦੇਸ਼ ਸਦਾ ਚੇਤੇ ਕਰਨਾ ਚਾਹੀਦਾ ਹੈ, (ਗੁਰੂ ਦਾ ਉਪਦੇਸ਼ ਸਦਾ ਚੇਤੇ ਕੀਤਿਆਂ) ਮਾਇਆ ਦੇ ਸਾਰੇ ਸੁਆਦ ਫਿੱਕੇ ਪ੍ਰਤੀਤ ਹੁੰਦੇ ਹਨ ਤੇ ਪਰਮੇਸ਼ਰ ਮਨ ਵਿਚ ਪਿਆਰਾ ਲੱਗਦਾ ਹੈ।

14675	321	ਧਿਆਇ ਨਾਨਕ ਪਰਮੇਸਰੈ ਜਿਨਿ ਦਿਤੀ ਜਿੰਦੁ॥੧੪॥		Dhhiaae Naanak Paramaesarai Jin Dhithee Jindh ||14||	Meditate, O Nanak, on the Transcendent Lord, who has blessed you with your soul and your life. ||14||	ਹੇ ਨਾਨਕ! ਜਿਸ ਪਰਮੇਸ਼ਰ ਨੇ (ਇਹ) ਜਿੰਦ ਦਿੱਤੀ ਹੈ, ਉਸ ਨੂੰ (ਸਦਾ) ਸਿਮਰ ॥੧੪॥
14676	321	ਸਲੋਕ ਮਃ ੫॥		Salok Ma 5 ||	Shalok, Fifth Mehl:	
14677	321	ਵਤ ਲਗੀ ਸਚੇ ਨਾਮ ਕੀ ਜੋ ਬੀਜੇ ਸੋ ਖਾਇ॥	(ਵੱਤ) ਬੀਜਣ ਸਮਾਂ	Vath Lagee Sachae Naam Kee Jo Beejae So Khaae ||	The time has come to plant the seed of the Lord's Name; one who plants it, shall eat its fruit.	(ਇਹ ਮਨੁੱਖਾ ਜਨਮ) ਸੱਚੇ ਪ੍ਰਭੂ ਦਾ ਨਾਮ (ਰੂਪ ਬੀਜ ਬੀਜਣ) ਲਈ ਫਬਵਾਂ ਸਮਾਂ ਮਿਲਿਆ ਹੈ, ਜੋ ਮਨੁੱਖ ('ਨਾਮ'-ਬੀਜ) ਬੀਜਦਾ ਹੈ ਉਹ (ਇਸ ਦਾ ਫਲ) ਖਾਂਦਾ ਹੈ।
14678	321	ਤਿਸਹਿ ਪਰਾਪਤਿ ਨਾਨਕਾ ਜਿਸ ਨੋ ਲਿਖਿਆ ਆਇ॥੧॥		Thisehi Paraapath Naanakaa Jis No Likhiaa Aae ||1||	He alone receives it, O Nanak, whose destiny is so pre-ordained. ||1||	ਹੇ ਨਾਨਕ! ਇਹ ਚੀਜ਼ ਉਸ ਮਨੁੱਖ ਨੂੰ ਹੀ ਮਿਲਦੀ ਹੈ ਜਿਸ ਦੇ ਭਾਗਾਂ ਵਿਚ ਲਿਖੀ ਹੋਵੇ ॥੧॥
14679	321	ਮਃ ੫॥		Ma 5 ||	Fifth Mehl:	
14680	321	ਮੰਗਣਾ ਤ ਸਚੁ ਇਕੁ ਜਿਸੁ ਤੁਸਿ ਦੇਵੈ ਆਪਿ॥	ਤੁੱਸਿ	Manganaa Th Sach Eik Jis Thus Dhaevai Aap ||	If one begs, then he should beg for the Name of the True One, which is given only by His Pleasure.	ਜੇ ਮੰਗਣਾ ਹੈ ਤਾਂ ਸਿਰਫ਼ ਪ੍ਰਭੂ ਦਾ ਨਾਮ ਮੰਗੋ। (ਇਹ 'ਨਾਮ' ਉਸ ਨੂੰ ਹੀ ਮਿਲਦਾ ਹੈ) ਜਿਸ ਨੂੰ ਪ੍ਰਭੂ ਆਪ ਪ੍ਰਸੰਨ ਹੋ ਕੇ ਦੇਂਦਾ ਹੈ।

14681	321	ਜਿਤੁ ਖਾਧੈ ਮਨੁ ਤ੍ਰਿਪਤੀਐ ਨਾਨਕ ਸਾਹਿਬ ਦਾਤਿ॥੨॥		Jith Khaadhhai Man Thripatheeai Naanak Saahib Dhaath ||2||	Eating this gift from the Lord and Master, O Nanak, the mind is satisfied. ||2||	ਜੇ ਇਹ (ਨਾਮ-ਵਸਤ) ਖਾਧੀ ਜਾਏ ਤਾਂ ਮਨ (ਮਾਇਆ ਵਲੋਂ) ਰੱਜ ਜਾਂਦਾ ਹੈ, ਪਰ ਹੇ ਨਾਨਕ! ਹੈ ਇਹ (ਨਿਰੋਲ) ਮਾਲਕ ਦੀ ਬਖ਼ਸ਼ਸ਼ ਹੀ ॥੨॥
14682	321	ਪਉੜੀ॥		Pourree ||	Pauree:	
14683	321	ਲਾਹਾ ਜਗ ਮਹਿ ਸੇ ਖਟਹਿ ਜਿਨ ਹਰਿ ਧਨੁ ਰਾਸਿ॥	ਜੱਗ	Laahaa Jag Mehi Sae Khattehi Jin Har Dhhan Raas ||	They alone earn profit in this world, who have the wealth of the Lord's Name.	ਜਗਤ ਵਿਚ ਉਹੀ (ਮਨੁੱਖ-ਵਣਜਾਰੇ) ਲਾਭ ਖੱਟਦੇ ਹਨ ਜਿਨ੍ਹਾਂ ਪਾਸ ਪਰਮਾਤਮਾ ਦਾ ਨਾਮ-ਰੂਪ ਧਨ ਹੈ, ਪੂੰਜੀ ਹੈ।
14684	321	ਦੁਤੀਆ ਭਾਉ ਨ ਜਾਣਨੀ ਸਚੇ ਦੀ ਆਸ॥	(ਦੁਤੀਆ) ਦੂਜਾ	Dhutheeaa Bhaao N Jaananee Sachae Dhee Aas ||	They do not know the love of duality; they place their hopes in the True Lord.	ਉਹ (ਪਰਮਾਤਮਾ ਤੋਂ ਬਿਨਾ) ਕਿਸੇ ਹੋਰ ਨਾਲ ਮੋਹ ਕਰਨਾ ਨਹੀਂ ਜਾਣਦੇ, ਉਹਨਾਂ ਨੂੰ ਇੱਕ ਪਰਮਾਤਮਾ ਦੀ ਹੀ ਆਸ ਹੁੰਦੀ ਹੈ।
14685	321	ਨਿਹਚਲੁ ਏਕੁ ਸਰੇਵਿਆ ਹੋਰੁ ਸਭ ਵਿਣਾਸੁ॥	(ਸਰੇਵਿਆ) ਸੇਵਾ ਕੀਤੀ	Nihachal Eaek Saraeviaa Hor Sabh Vinaas ||	They serve the One Eternal Lord, and give up everything else.	ਉਹਨਾਂ ਨੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨੂੰ ਹੀ ਸਿਮਰਿਆ ਹੈ (ਕਿਉਂਕਿ) ਹੋਰ ਸਾਰਾ ਜਗਤ (ਉਹਨਾਂ) ਨੂੰ ਨਾਸਵੰਤ (ਦਿੱਸਦਾ) ਹੈ।
14686	321	ਪਾਰਬ੍ਰਹਮੁ ਜਿਸੁ ਵਿਸਰੈ ਤਿਸੁ ਬਿਰਥਾ ਸਾਸੁ॥		Paarabreham Jis Visarai This Birathhaa Saas ||	One who forgets the Supreme Lord God - useless is his breath.	ਜਿਸ ਮਨੁੱਖ ਨੂੰ ਪਰਮਾਤਮਾ ਭੁੱਲ ਜਾਂਦਾ ਹੈ ਉਸ ਦਾ (ਹਰੇਕ) ਸੁਆਸ ਵਿਅਰਥ ਜਾਂਦਾ ਹੈ।

14687	321	ਕੰਠਿ ਲਾਇ ਜਨ ਰਖਿਆ ਨਾਨਕ ਬਲਿ ਜਾਸੁ॥੧੫॥		Kanth Laae Jan Rakhiaa Naanak Bal Jaas ||15||	God draws His humble servant close in His loving embrace and protects him - Nanak is a sacrifice to Him. ||15||	ਪਰਮਾਤਮਾ ਨੇ ਆਪਣੇ ਸੇਵਕਾਂ ਨੂੰ ("ਦੁਤੀਆ ਭਾਵ" ਵਲੋਂ) ਆਪ ਆਪਣੇ ਗਲ ਨਾਲ ਲਾ ਕੇ ਬਚਾਇਆ ਹੈ। ਹੇ ਨਾਨਕ! ਮੈਂ ਉਸ ਪ੍ਰਭੂ ਤੋਂ ਸਦਕੇ ਜਾਂਦਾ ਹਾਂ ॥੧੫॥
14688	321	ਸਲੋਕ ਮਃ ੫॥		Salok Ma 5 ||	Shalok, Fifth Mehl:	
14689	321	ਪਾਰਬ੍ਰਹਮਿ ਫੁਰਮਾਇਆ ਮੀਹੁ ਵੁਠਾ ਸਹਜਿ ਸੁਭਾਇ॥	ਵੁੱਠਾ	Paarabreham Furamaaeiaa Meehu Vuthaa Sehaj Subhaae ||	The Supreme Lord God gave the Order, and the rain automatically began to fall.	ਜਦੋਂ ਪਰਮਾਤਮਾ ਨੇ ਹੁਕਮ ਦਿੱਤਾ ਤਾਂ (ਜਿਸ ਕਿਸੇ ਭਾਗਾਂ ਵਾਲੇ ਦੇ ਹਿਰਦੇ-ਰੂਪ ਧਰਤੀ ਤੇ) ਆਪਣੇ ਆਪ ਨਾਮ ਦੀ ਵਰਖਾ ਹੋਣ ਲੱਗ ਪਈ,
14690	321	ਅੰਨੁ ਧੰਨੁ ਬਹੁਤੁ ਉਪਜਿਆ ਪ੍ਰਿਥਮੀ ਰਜੀ ਤਿਪਤਿ ਅਘਾਇ॥	ਰੱਜੀ	Ann Dhann Bahuth Oupajiaa Prithhamee Rajee Thipath Aghaae ||	Grain and wealth were produced in abundance; the earth was totally satisfied and satiated.	ਉਸ (ਹਿਰਦੇ-ਧਰਤੀ) ਵਿਚ (ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ) ਅੰਨ ਬਹੁਤ ਪੈਦਾ ਹੋ ਜਾਂਦਾ ਹੈ, (ਉਸ ਦਾ ਹਿਰਦਾ ਚੰਗੀ ਤਰ੍ਹਾਂ ਸੰਤੋਖ ਵਾਲਾ ਹੋ ਜਾਂਦਾ ਹੈ)।
14691	321	ਸਦਾ ਸਦਾ ਗੁਣ ਉਚਰੈ ਦੁਖੁ ਦਾਲਦੁ ਗਇਆ ਬਿਲਾਇ॥	ਗਇਆ	Sadhaa Sadhaa Gun Oucharai Dhukh Dhaaladh Gaeiaa Bilaae ||	Forever and ever, chant the Glorious Praises of the Lord, and pain and poverty shall run away.	ਉਹ ਮਨੁੱਖ ਸਦਾ ਹੀ ਪਰਮਾਤਮਾ ਦੇ ਗੁਣ ਗਾਉਂਦਾ ਹੈ, ਉਸ ਦਾ ਦੁੱਖ-ਦਲਿੱਦ੍ਰ ਦੂਰ ਹੋ ਜਾਂਦਾ ਹੈ।

14692	321	ਪੂਰਬਿ ਲਿਖਿਆ ਪਾਇਆ ਮਿਲਿਆ ਤਿਸੈ ਰਜਾਇ॥		Poorab Likhiaa Paaeiaa Miliaa Thisai Rajaae ||	People obtain that which they are pre-ordained to receive, according to the Will of the Lord.	ਪਰ ਇਹ 'ਨਾਮ' ਰੂਪ ਅੰਨ ਪੂਰਬਲੇ ਲਿਖੇ ਭਾਗਾਂ ਅਨੁਸਾਰ ਪਾਈਦਾ ਹੈ ਤੇ ਮਿਲਦਾ ਹੈ ਪਰਮਾਤਮਾ ਦੀ ਰਜ਼ਾ ਅਨੁਸਾਰ।
14693	321	ਪਰਮੇਸਰਿ ਜੀਵਾਲਿਆ ਨਾਨਕ ਤਿਸੈ ਧਿਆਇ॥੧॥		Paramaesar Jeevaaliaa Naanak Thisai Dhhiaae ||1||	The Transcendent Lord keeps you alive; O Nanak, meditate on Him. ||1||	(ਮਾਇਆ ਵਿਚ ਮੋਏ ਹੋਏ ਜਿਸ ਕਿਸੇ ਨੂੰ) ਜਿੰਦ ਪਾਈ ਹੈ ਪਰਮੇਸ਼ਰ ਨੇ ਹੀ (ਪਾਈ ਹੈ), ਹੇ ਨਾਨਕ! ਉਸ ਪ੍ਰਭੂ ਨੂੰ ਸਿਮਰ ॥੧॥
14694	321	ਮਃ ੫॥		Ma 5 ||	Fifth Mehl:	
14695	322	ਜੀਵਨਪਦੁ ਨਿਰਬਾਣੁ ਇਕੋ ਸਿਮਰੀਐ॥	(ਜੀਵਨਪਦੁ) ਸਦੀਵ ਜੀਵਤ। (ਨਿਬਾਣੁ) ਨਿਰਲੇਪ	Jeevan Padh Nirabaan Eiko Simareeai ||	To obtain the state of life of Nirvaanaa, meditate in remembrance on the One Lord.	ਜੇ ਵਾਸ਼ਨਾ-ਰਹਿਤ ਇਕ ਪ੍ਰਭੂ ਨੂੰ ਸਿਮਰੀਏ ਤਾਂ ਅਸਲੀ ਜੀਵਨ ਦਾ ਦਰਜਾ ਹਾਸਲ ਹੁੰਦਾ ਹੈ,
14696	322	ਦੂਜੀ ਨਾਹੀ ਜਾਇ ਕਿਨਿ ਬਿਧਿ ਧੀਰੀਐ॥	(ਜਾਇ) ਥਾਂ। (ਧੀਰੀਐ) ਧੀਰਜ ਆਵੇ	Dhoojee Naahee Jaae Kin Bidhh Dhheereeai ||	There is no other place; how else can we be comforted?	(ਪਰ ਇਸ ਅਵਸਥਾ ਦੀ ਪ੍ਰਾਪਤੀ ਲਈ) ਕੋਈ ਹੋਰ ਥਾਂ ਨਹੀਂ ਹੈ, (ਕਿਉਂਕਿ) ਕਿਸੇ ਹੋਰ ਤਰੀਕੇ ਨਾਲ ਮਨ ਟਿਕ ਨਹੀਂ ਸਕਦਾ।
14697	322	ਡਿਠਾ ਸਭੁ ਸੰਸਾਰੁ ਸੁਖੁ ਨ ਨਾਮ ਬਿਨੁ॥		Ddithaa Sabh Sansaar Sukh N Naam Bin ||	I have seen the whole world - without the Lord's Name, there is no peace at all.	ਸਾਰਾ ਸੰਸਾਰ (ਟੋਲ ਕੇ) ਵੇਖਿਆ ਹੈ, ਪ੍ਰਭੂ ਦੇ ਨਾਮ ਤੋਂ ਬਿਨਾ ਸੁਖ ਨਹੀਂ ਮਿਲਦਾ।

14698	322	ਤਨੁ ਧਨੁ ਹੋਸੀ ਛਾਰੁ ਜਾਣੈ ਕੋਇ ਜਨੁ॥	(ਛਾਰੁ) ਸੁਆਹ	Than Dhhan Hosee Shhaar Jaanai Koe Jan ||	Body and wealth shall return to dust - hardly anyone realizes this.	(ਜਗਤ ਇਸ ਤਨ ਤੇ ਧਨ ਵਿਚ ਸੁਖ ਭਾਲਦਾ ਹੈ) ਇਹ ਸਰੀਰ ਤੇ ਧਨ ਨਾਸ ਹੋ ਜਾਣਗੇ, ਪਰ ਕੋਈ ਵਿਰਲਾ ਇਸ ਗੱਲ ਨੂੰ ਸਮਝਦਾ ਹੈ।
14699	322	ਰੰਗ ਰੂਪ ਰਸ ਬਾਦਿ ਕਿ ਕਰਹਿ ਪਰਾਣੀਆ॥	(ਬਾਦਿ) ਵਿਅਰਥ। ਪਰਾਣੀਆ ਨੂੰ ਬਿੰਦੀ ਨ ਲਾਉ	Rang Roop Ras Baadh K Karehi Paraaneeaa ||	Pleasure, beauty and delicious tastes are useless; what are you doing, O mortal?	ਹੇ ਪ੍ਰਾਣੀ! ਤੂੰ ਕੀਹ ਕਰ ਰਿਹਾ ਹੈਂ? (ਭਾਵ, ਤੂੰ ਕਿਉਂ ਨਹੀਂ ਸਮਝਦਾ ਕਿ ਜਗਤ ਦੇ) ਰੰਗ-ਰੂਪ ਤੇ ਰਸ ਸਭ ਵਿਅਰਥ ਹਨ (ਇਹਨਾਂ ਦੇ ਪਿੱਛੇ ਲੱਗਿਆਂ ਮਨ ਦਾ ਟਿਕਾਓ ਹਾਸਲ ਨਹੀਂ ਹੁੰਦਾ)?
14700	322	ਜਿਸੁ ਭੁਲਾਏ ਆਪਿ ਤਿਸੁ ਕਲ ਨਹੀ ਜਾਣੀਆ॥	(:ਪੋਲਾ ਬੋਲੋ ਕਲ) ਸ਼ਕਤੀ	Jis Bhulaaeae Aap This Kal Nehee Jaaneeaa ||	One whom the Lord Himself misleads, does not understand His awesome power.	(ਪਰ ਜੀਵ ਦੇ ਭੀ ਕੀਹ ਵੱਸ?) ਪ੍ਰਭੂ ਜਿਸ ਮਨੁੱਖ ਨੂੰ ਆਪ ਕੁਰਾਹੇ ਪਾਂਦਾ ਹੈ, ਉਸ ਨੂੰ ਮਨ ਦੀ ਸ਼ਾਂਤੀ ਦੀ ਸਾਰ ਨਹੀਂ ਆਉਂਦੀ।
14701	322	ਰੰਗਿ ਰਤੇ ਨਿਰਬਾਣੁ ਸਚਾ ਗਾਵਹੀ॥	(ਨਿਰਬਾਣੁ) ਨਿਰਲੇਪ ਵਾਹਿਗੁਰੂ	Rang Rathae Nirabaan Sachaa Gaavehee ||	Those who are imbued with the Love of the Lord attain Nirvaanaa, singing the Praises of the True One.	ਜੋ ਮਨੁੱਖ ਪ੍ਰਭੂ ਦੇ ਪਿਆਰ ਵਿਚ ਰੰਗੇ ਹੋਏ ਹਨ, ਉਹ ਉਸ ਸਦਾ ਕਾਇਮ ਰਹਿਣ ਵਾਲੇ ਤੇ ਵਾਸ਼ਨਾ-ਰਹਿਤ ਪ੍ਰਭੂ ਨੂੰ ਗਾਉਂਦੇ ਹਨ।
14702	322	ਨਾਨਕ ਸਰਣਿ ਦੁਆਰਿ ਜੇ ਤੁਧੁ ਭਾਵਹੀ॥੨॥		Naanak Saran Dhuaar Jae Thudhh Bhaavehee ||2||	Nanak: those who are pleasing to Your Will, O Lord, seek Sanctuary at Your Door. ||2||	ਹੇ ਨਾਨਕ! (ਪ੍ਰਭੂ ਅੱਗੇ ਇਹ ਅਰਜ਼ੋਈ ਕਰ-ਹੇ ਪ੍ਰਭੂ!) ਜੇ ਤੈਨੂੰ ਚੰਗੇ ਲੱਗਣ ਤਾਂ ਜੀਵ ਤੇਰੇ ਦਰ ਤੇ ਤੇਰੀ ਸ਼ਰਨ ਆਉਂਦੇ ਹਨ ॥੨॥
14703	322	ਪਉੜੀ॥		Pourree ||	Pauree:	

14704	322	ਜੰਮਣੁ ਮਰਣੁ ਨ ਤਿਨ੍ਹ ਕਉ ਜੋ ਹਰਿ ਲੜਿ ਲਾਗੇ॥		Janman Maran N Thinh Ko Jo Har Larr Laagae ||	Those who are attached to the hem of the Lord's robe, do not suffer birth and death.	ਜੋ ਮਨੁੱਖ ਪਰਮਾਤਮਾ ਦਾ ਆਸਰਾ ਲੈਂਦੇ ਹਨ, ਉਹਨਾਂ ਲਈ ਜਨਮ ਮਰਨ ਦਾ ਗੇੜ ਨਹੀਂ ਰਹਿੰਦਾ।
14705	322	ਜੀਵਤ ਸੇ ਪਰਵਾਣੁ ਹੋਏ ਹਰਿ ਕੀਰਤਨਿ ਜਾਗੇ॥		Jeevath Sae Paravaan Hoeae Har Keerathan Jaagae ||	Those who remain awake to the Kirtan of the Lord's Praises - their lives are approved.	ਉਹ ਇਸੇ ਜੀਵਨ ਵਿਚ (ਪ੍ਰਭੂ ਦੇ ਦਰ ਤੇ) ਕਬੂਲ ਹੋ ਜਾਂਦੇ ਹਨ (ਕਿਉਂਕਿ) ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ਕੇ ਉਹ ਵਿਕਾਰਾਂ ਤੋਂ ਬਚੇ ਰਹਿੰਦੇ ਹਨ।
14706	322	ਸਾਧਸੰਗੁ ਜਿਨ ਪਾਇਆ ਸੇਈ ਵਡਭਾਗੇ॥	ਵੱਡਭਾਗੇ	Saadhhasang Jin Paaeiaa Saeee Vaddabhaagae ||	Those who attain the Saadh Sangat, the Company of the Holy, are very fortunate.	ਓਹੀ ਮਨੁੱਖ ਵੱਡੇ ਭਾਗਾਂ ਵਾਲੇ ਹਨ, ਜਿਨ੍ਹਾਂ ਨੂੰ (ਅਜਿਹੇ) ਗੁਰਮੁਖਾਂ ਦੀ ਸੰਗਤਿ ਹਾਸਲ ਹੁੰਦੀ ਹੈ,
14707	322	ਨਾਇ ਵਿਸਰਿਐ ਧ੍ਰਿਗੁ ਜੀਵਣਾ ਤੂਟੇ ਕਚ ਧਾਗੇ॥	ਧਿ੍ਰਗੁ। ਕੱਚ	Naae Visariai Dhhrig Jeevanaa Thoottae Kach Dhhaagae ||	But those who forget the Name - their lives are cursed, and broken like thin strands of thread.	ਪਰ ਜੇ ਪ੍ਰਭੂ ਦਾ ਨਾਮ ਵਿਸਰ ਜਾਏ ਤਾਂ ਜੀਊਣਾ ਫਿਟਕਾਰ-ਜੋਗ ਹੈ ਟੁੱਟੇ ਹੋਏ ਕੱਚੇ ਧਾਗੇ ਵਾਂਗ (ਵਿਅਰਥ) ਹੈ।
14708	322	ਨਾਨਕ ਧੂੜਿ ਪੁਨੀਤ ਸਾਧ ਲਖ ਕੋਟਿ ਪਿਰਾਗੇ॥੧੬॥	(ਪਰਾਗੇ) ਪ੍ਰਯਾਗ ਤੀਰਥ ਦਾ ਇਸ਼ਨਾਨ। ਲੱਖ	Naanak Dhhoorr Puneeth Saadhh Lakh Kott Piraagae ||16||	O Nanak, the dust of the feet of the Holy is more sacred than hundreds of thousands, even millions of cleansing baths at sacred shrines. ||16||	ਹੇ ਨਾਨਕ! ਗੁਰਮੁਖਾਂ ਦੇ ਚਰਨਾਂ ਦੀ ਧੂੜ ਲੱਖਾਂ ਕ੍ਰੋੜਾਂ ਪ੍ਰਯਾਗ ਆਦਿਕ ਤੀਰਥਾਂ ਨਾਲੋਂ ਵਧੀਕ ਪਵਿੱਤ੍ਰ ਹੈ ॥੧੬॥

14709	322	ਸਲੋਕੁ ਮਃ ੫॥		Salok Ma 5 ||	Shalok, Fifth Mehl:	
14710	322	ਧਰਣਿ ਸੁਵੰਨੀ ਖੜ ਰਤਨ ਜੜਾਵੀ ਹਰਿ ਪ੍ਰੇਮ ਪੁਰਖੁ ਮਨਿ ਵੁਠਾ॥	ਬੁੱਧ ਰੂਪ (ਧਰਣਿ) ਧਰਤੀ। ਸ਼ੁਭ ਗੁਣਾਂ ਰੂਪ (ਸੁਵੰਨੀ) ਸ੍ਰੇਸ਼ਟ ਰੰਗ ਵਾਲੀ ਹੋ ਗਈ। ਸਤਿ ਸੰਤੋਖ ਖਿਮਾ ਗ੍ਰੀਬੀ ਬੈਰਾਗ ਰੂਪੀਰਤਨ। (ਖੜ) ਘਾਸ ਨਾਲ। (ਜੜਾਵੀ) ਜੜੀ ਗਈ। ਵੁੱਠਾ	Dhharan Suvannee Kharr Rathan Jarraavee Har Praem Purakh Man Vuthaa ||	Like the beautiful earth, adorned with jewels of grass - such is the mind, within which the Love of the Lord abides.	ਜਿਸ ਮਨ ਵਿਚ ਪਿਆਰ-ਸਰੂਪ ਹਰੀ ਅਕਾਲ ਪੁਰਖ ਵੱਸ ਪੈਂਦਾ ਹੈ, ਉਹ ਮਨ ਇਉਂ ਹੈ ਜਿਵੇਂ ਤ੍ਰੇਲ-ਮੋਤੀਆਂ ਨਾਲ ਜੜੀ ਹੋਈ ਘਾਹ ਵਾਲੀ ਧਰਤੀ ਸੋਹਣੇ ਵੰਨ ਵਾਲੀ ਹੋ ਜਾਂਦੀ ਹੈ।
14711	322	ਸਭੇ ਕਾਜ ਸੁਹੇਲੜੇ ਥੀਏ ਗੁਰੁ ਨਾਨਕੁ ਸਤਿਗੁਰੁ ਤੁਠਾ॥੧॥	ਤੁੱਠਾ	Sabhae Kaaj Suhaelarrae Thheeeae Gur Naanak Sathigur Thuthaa ||1||	All one's affairs are easily resolved, O Nanak, when the Guru, the True Guru, is pleased. ||1||	ਹੇ ਨਾਨਕ! ਜਿਸ ਮਨੁੱਖ ਉਤੇ ਗੁਰੂ ਸਤਿਗੁਰੂ ਨਾਨਕ ਤੁੱਠਦਾ ਹੈ, ਉਸ ਦੇ ਸਾਰੇ ਕੰਮ ਸੌਖੇ ਹੋ ਜਾਂਦੇ ਹਨ ॥੧॥
14712	322	ਮਃ ੫॥		Ma 5 ||	Fifth Mehl:	
14713	322	ਫਿਰਦੀ ਫਿਰਦੀ ਦਹ ਦਿਸਾ ਜਲ ਪਰਬਤ ਬਨਰਾਇ॥	(ਬਨਰਾਇ) ਬਨਾਸਪਤੀ	Firadhee Firadhee Dheh Dhisaa Jal Parabath Banaraae ||	Roaming and wandering in the ten directions, over water, mountains and forests	ਦਸੀਂ ਪਾਸੀਂ ਦਰਿਆਵਾਂ, ਪਹਾੜਾਂ ਅਤੇ ਰੁੱਖਾਂ-ਬਿਰਖਾਂ ਤੇ ਉੱਡਦੀ ਉੱਡਦੀ-

14714	322	ਜਿਥੈ ਡਿਠਾ ਮਿਰਤਕੋ ਇਲ ਬਹਿਠੀ ਆਇ॥੨॥	ਪਰ ਇਸਤ੍ਰੀ ਰੂਪ (ਮਿਰਤਕੋ) ਮੁਰਦਾਰ।ਪਖੰਡੀ ਰੂਪ ਇੱਲ। ਬਹਿ-ਠੀ	Jithhai Ddithaa Mirathako Eil Behithee Aae ||2||	- wherever the vulture sees a dead body, he flies down and lands. ||2||	ਇੱਲ ਨੇ ਜਿਥੇ ਮੁਰਦਾਰ ਆ ਵੇਖਿਆ ਓਥੇ ਆ ਬੈਠੀ (ਇਹੀ ਹਾਲ ਉਸ ਮਨ ਦਾ ਹੈ ਪਰਮਾਤਮਾ ਤੋਂ ਵਿੱਛੜ ਕੇ ਵਿਕਾਰਾਂ ਤੇ ਆ ਡਿੱਗਦਾ ਹੈ) ॥੨॥
14715	322	ਪਉੜੀ॥		Pourree ||	Pauree:	
14716	322	ਜਿਸੁ ਸਰਬ ਸੁਖਾ ਫਲ ਲੋੜੀਅਹਿ ਸੋ ਸਚੁ ਕਮਾਵਉ॥		Jis Sarab Sukhaa Fal Lorreeahi So Sach Kamaavo ||	One who longs for all comforts and rewards should practice Truth.	ਮੈਂ ਉਸ ਸੱਚੇ ਪ੍ਰਭੂ ਨੂੰ ਸਿਮਰਾਂ, ਜਿਸ ਪਾਸੋਂ ਸਾਰੇ ਸੁਖ ਤੇ ਸਾਰੇ ਫਲ ਮੰਗੀਦੇ ਹਨ।
14717	322	ਨੇੜੈ ਦੇਖਉ ਪਾਰਬ੍ਰਹਮੁ ਇਕੁ ਨਾਮੁ ਧਿਆਵਉ॥		Naerrai Dhaekho Paarabreham Eik Naam Dhhiaavo ||	Behold the Supreme Lord God near you, and meditate on the Naam, the Name of the One Lord.	ਉਸ ਪਾਰਬ੍ਰਹਮ ਨੂੰ ਆਪਣੇ ਅੰਗ-ਸੰਗ ਵੇਖਾਂ ਤੇ ਕੇਵਲ ਉਸੇ ਦਾ ਹੀ ਨਾਮ ਧਿਆਵਾਂ।
14718	322	ਹੋਇ ਸਗਲ ਕੀ ਰੇਣੁਕਾ ਹਰਿ ਸੰਗਿ ਸਮਾਵਉ॥		Hoe Sagal Kee Raenukaa Har Sang Samaavo ||	Become the dust of all men's feet, and so merge with the Lord.	ਸਭ ਦੇ ਚਰਨਾਂ ਦੀ ਧੂੜ ਹੋ ਕੇ ਮੈਂ ਪਰਮਾਤਮਾ ਵਿਚ ਲੀਨ ਹੋ ਜਾਵਾਂ।
14719	322	ਦੂਖੁ ਨ ਦੇਈ ਕਿਸੈ ਜੀਅ ਪਤਿ ਸਿਉ ਘਰਿ ਜਾਵਉ॥		Dhookh N Dhaeee Kisai Jeea Path Sio Ghar Jaavo ||	Do not cause any being to suffer, and you shall go to your true home with honor.	ਮੈਂ ਕਿਸੇ ਭੀ ਜੀਵ ਨੂੰ ਦੁੱਖ ਨਾ ਦਿਆਂ ਤੇ (ਇਸ ਤਰ੍ਹਾਂ) ਇੱਜ਼ਤ ਨਾਲ (ਆਪਣੇ ਅਸਲੀ) ਘਰ ਵਿਚ ਜਾਵਾਂ (ਭਾਵ, ਪ੍ਰਭੂ ਦੀ ਹਜ਼ੂਰੀ ਵਿਚ ਅੱਪੜਾਂ)।

14720	322	ਪਤਿਤ ਪੁਨੀਤ ਕਰਤਾ ਪੁਰਖੁ ਨਾਨਕ ਸੁਣਾਵਉ॥੧੭॥		Pathith Puneeth Karathaa Purakh Naanak Sunaavo ||17||	Nanak speaks of the Purifier of sinners, the Creator, the Primal Being. ||17||	ਹੇ ਨਾਨਕ! ਮੈਂ ਹੋਰਨਾਂ ਨੂੰ ਭੀ ਦੱਸਾਂ ਕਿ ਕਰਤਾਰ ਅਕਾਲ ਪੁਰਖ (ਵਿਕਾਰਾਂ ਵਿਚ) ਡਿੱਗਿਆਂ ਹੋਇਆਂ ਨੂੰ ਭੀ ਪਵਿੱਤ੍ਰ ਕਰਨ ਵਾਲਾ ਹੈ ॥੧੭॥
14721	322	ਸਲੋਕ ਦੋਹਾ ਮਃ ੫॥		Salok Dhohaa Ma 5 ||	Shalok, Dohaa, Fifth Mehl:	
14722	322	ਏਕੁ ਜਿ ਸਾਜਨੁ ਮੈ ਕੀਆ ਸਰਬ ਕਲਾ ਸਮਰਥੁ॥	ਸਮਰੱਥੁ	Eaek J Saajan Mai Keeaa Sarab Kalaa Samarathh ||	I have made the One Lord my Friend; He is All-powerful to do everything.	ਮੈਂ ਇਕ ਉਸ (ਹਰੀ) ਨੂੰ ਹੀ ਆਪਣਾ ਮਿੱਤ੍ਰ ਬਣਾਇਆ ਹੈ ਜੋ ਸਾਰੀਆਂ ਤਾਕਤਾਂ ਵਾਲਾ ਹੈ।
14723	322	ਜੀਉ ਹਮਾਰਾ ਖੰਨੀਐ ਹਰਿ ਮਨ ਤਨ ਸੰਦੜੀ ਵਥੁ॥੧॥	(ਖੰਨੀਐ) ਕੁਰਬਾਨ। (ਸੰਦੜੀ) ਦੀ। ਵੱਥੁ	Jeeo Hamaaraa Khanneeai Har Man Than Sandharree Vathh ||1||	My soul is a sacrifice to Him; the Lord is the treasure of my mind and body. ||1||	ਪਰਮਾਤਮਾ ਹੀ ਮਨ ਤੇ ਤਨ ਦੇ ਕੰਮ ਆਉਣ ਵਾਲੀ ਅਸਲੀ ਚੀਜ਼ ਹੈ, ਮੇਰੀ ਜਿੰਦ ਉਸ ਤੋਂ ਸਦਕੇ ਹੈ ॥੧॥
14724	322	ਮਃ ੫॥		Ma 5 ||	Fifth Mehl:	
14725	322	ਜੇ ਕਰੁ ਗਹਹਿ ਪਿਆਰੜੇ ਤੁਧੁ ਨ ਛੋਡਾ ਮੂਲਿ॥		Jae Kar Gehehi Piaararrae Thudhh N Shhoddaa Mool ||	Take my hand, O my Beloved; I shall never forsake You.	ਹੇ ਅਤਿ ਪਿਆਰੇ (ਪ੍ਰਭੂ!) ਜੇ ਤੂੰ ਮੇਰਾ ਹੱਥ ਫੜ ਲਏਂ, ਮੈਂ ਤੈਨੂੰ ਕਦੇ ਨਾ ਛੱਡਾਂ।

14726	322	ਹਰਿ ਛੋਡਨਿ ਸੇ ਦੁਰਜਨਾ ਪੜਹਿ ਦੋਜਕ ਕੈ ਸੂਲਿ॥੨॥	(ਸੂਲਿ) ਦੁੱਖ। ਪੜਹਿ: ਪੋਲਾ ਬੋਲੋ	Har Shhoddan Sae Dhurajanaa Parrehi Dhojak Kai Sool ||2||	Those who forsake the Lord, are the most evil people; they shall fall into the horrible pit of hell. ||2||	ਜੋ ਮਨੁੱਖ ਪ੍ਰਭੂ ਨੂੰ ਵਿਸਾਰ ਦੇਂਦੇ ਹਨ ਉਹ ਮੰਦ-ਕਰਮੀ (ਹੋ ਕੇ) ਦੋਜ਼ਕ ਦੀ ਅਸਹ ਪੀੜ ਵਿਚ ਪੈਂਦੇ ਹਨ (ਭਾਵ, ਪੀੜ ਨਾਲ ਤੜਫ਼ਦੇ ਹਨ) ॥੨॥
14727	322	ਪਉੜੀ॥		Pourree ||	Pauree:	
14728	322	ਸਭਿ ਨਿਧਾਨ ਘਰਿ ਜਿਸ ਦੈ ਹਰਿ ਕਰੇ ਸੁ ਹੋਵੈ॥		Sabh Nidhhaan Ghar Jis Dhai Har Karae S Hovai ||	All treasures are in His Home; whatever the Lord does, comes to pass.	ਜਿਸ ਪਰਮਾਤਮਾ ਦੇ ਘਰ ਵਿਚ ਸਾਰੇ ਖ਼ਜ਼ਾਨੇ ਹਨ ਉਹ ਜੋ ਕੁਝ ਕਰਦਾ ਹੈ ਉਹੀ ਹੁੰਦਾ ਹੈ।
14729	322	ਜਪਿ ਜਪਿ ਜੀਵਹਿ ਸੰਤ ਜਨ ਪਾਪਾ ਮਲੁ ਧੋਵੈ॥		Jap Jap Jeevehi Santh Jan Paapaa Mal Dhhovai ||	The Saints live by chanting and meditating on the Lord, washing off the filth of their sins.	ਉਸ ਦੇ ਸੰਤ ਜਨ ਉਸ ਨੂੰ ਸਿਮਰ ਸਿਮਰ ਕੇ ਜੀਉਂਦੇ ਹਨ (ਭਾਵ, ਉਸ ਦੇ ਸਿਮਰਨ ਨੂੰ ਆਪਣੀ ਜ਼ਿੰਦਗੀ ਦਾ ਆਸਰਾ ਬਣਾਂਦੇ ਹਨ, ਕਿਉਂਕਿ ਪ੍ਰਭੂ ਉਹਨਾਂ ਦੇ) ਪਾਪਾਂ ਦੀ ਸਾਰੀ ਮੈਲ ਧੋ ਦੇਂਦਾ ਹੈ।
14730	322	ਚਰਨਕਮਲ ਹਿਰਦੈ ਵਸਹਿ ਸੰਕਟ ਸਭਿ ਖੋਵੈ॥		Charan Kamal Hiradhai Vasehi Sankatt Sabh Khovai ||	With the Lotus Feet of the Lord dwelling within the heart, all misfortune is taken away.	ਪ੍ਰਭੂ ਦੇ ਸੋਹਣੇ ਚਰਨ ਉਹਨਾਂ ਦੇ ਮਨ ਵਿਚ ਵੱਸਦੇ ਹਨ, ਪ੍ਰਭੂ ਉਹਨਾਂ ਦੇ ਸਾਰੇ ਕਲੇਸ਼ ਨਾਸ ਕਰ ਦੇਂਦਾ ਹੈ।

14731	322	ਗੁਰੁ ਪੂਰਾ ਜਿਸੁ ਭੇਟੀਐ ਮਰਿ ਜਨਮਿ ਨ ਰੋਵੈ॥	(ਭੇਟੀਐ) ਮਿਲੇ	Gur Pooraa Jis Bhaetteeai Mar Janam N Rovai ||	One who meets the Perfect Guru, shall not have to suffer through birth and death.	(ਪਰ ਇਹ ਦਾਤਿ ਗੁਰੂ ਦੀ ਰਾਹੀਂ ਮਿਲਦੀ ਹੈ) ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲਦਾ ਹੈ ਉਹ ਨਾਹ ਜਨਮ ਮਰਨ ਦੇ ਗੇੜ ਵਿਚ ਪੈਂਦਾ ਹੈ ਤੇ ਨਾਹ ਦੁਖੀ ਹੁੰਦਾ ਹੈ।
14732	322	ਪ੍ਰਭ ਦਰਸ ਪਿਆਸ ਨਾਨਕ ਘਣੀ ਕਿਰਪਾ ਕਰਿ ਦੇਵੈ॥੧੮॥		Prabh Dharas Piaas Naanak Ghanee Kirapaa Kar Dhaevai ||18||	Nanak is thirsty for the Blessed Vision of God's Darshan; by His Grace, He has bestowed it. ||18||	ਪ੍ਰਭੂ ਦੇ ਦਰਸ਼ਨ ਦੀ ਤਾਂਘ ਨਾਨਕ ਨੂੰ ਭੀ ਬੜੀ ਤੀਬਰ ਹੈ, ਪਰ ਉਹ ਆਪਣਾ ਦਰਸ਼ਨ ਆਪ ਹੀ ਮਿਹਰ ਕਰ ਕੇ ਦੇਂਦਾ ਹੈ ॥੧੮॥
14733	322	ਸਲੋਕ ਡਖਣਾ ਮਃ ੫॥	ਡੱਖਣਾ	Salok Ddakhanaa Ma 5 ||	Shalok, Dakhanaa, Fifth Mehl:	
14734	322	ਭੋਰੀ ਭਰਮੁ ਵਞਾਇ ਪਿਰੀ ਮੁਹਬਤਿ ਹਿਕੁ ਤੂ॥	(ਭੋਰੀ) ਥੋੜਾ। (ਵਞਾਇ) ਦੂਰ ਕਰੇ। (ਹਿਕੁ) ਇੱਕ। ਮੁ-ਹੱਬਤਿ	Bhoree Bharam Vanjaae Piree Muhabath Hik Thoo ||	If you can dispel your doubts, even for an instant, and love your only Beloved,	(ਹੇ ਭਾਈ!) ਜੇ ਤੂੰ ਰਤਾ ਭਰ ਭੀ (ਮਨ ਦੀ) ਭਟਕਣਾ ਦੂਰ ਕਰ ਦੇਵੇਂ ਤੇ ਸਿਰਫ਼ ਪਿਆਰੇ (ਪ੍ਰਭੂ) ਨਾਲ ਪ੍ਰੇਮ ਕਰੇਂ;
14735	322	ਜਿਥਹੁ ਵੰਞੈ ਜਾਇ ਤਿਥਾਊ ਮਉਜੂਦੁ ਸੋਇ॥੧॥	(ਵੰਞੈ) ਜਾਏਗਾ। (ਮਉਜੂਦੁ) ਹਾਜ਼ਰ ਪ੍ਰਗਟ	Jithhahu Vannjai Jaae Thithhaaoo Moujoodh Soe ||1||	Then wherever you go, there you shall find Him. ||1||	ਤਾਂ ਜਿੱਥੇ ਜਾਇੰਗਾ ਓਥੇ ਹੀ ਉਹ ਪ੍ਰਭੂ ਹਾਜ਼ਰ (ਦਿੱਸੇਗਾ) ॥੧॥
14736	322	ਮਃ ੫॥		Ma 5 ||	Fifth Mehl:	

14737	322	ਚੜਿ ਕੈ ਘੋੜੈ ਕੁੰਦੇ ਪਕੜਹਿ ਖੂੰਡੀ ਦੀ ਖੇਡਾਰੀ॥	(ਕੁੰਦੇ) ਬੰਦੂਕ। ਚੜ੍ਹਿ	Charr Kai Ghorrarai Kundhae Pakarrehi Khoonddee Dhee Khaeddaaree ||	Can they mount horses and handle guns, if all they know is the game of polo?	(ਜੋ ਮਨੁੱਖ) ਜਾਣਦੇ ਤਾਂ ਹਨ ਖੂੰਡੀ ਦੀ ਖੇਡ ਖੇਡਣੀ, (ਪਰ) ਸੋਹਣੇ ਘੋੜੇ ਤੇ ਚੜ੍ਹ ਕੇ ਬੰਦੂਕਾਂ ਦੇ ਹੱਥੇ (ਹੱਥ ਵਿਚ) ਫੜਦੇ ਹਨ,
14738	322	ਹੰਸਾ ਸੇਤੀ ਚਿਤੁ ਉਲਾਸਹਿ ਕੁਕੜ ਦੀ ਓਡਾਰੀ॥੨॥	(ਉਲਾਸ-ਹਿ) ਉਤਸ਼ਾਹ ਕਰੇ	Hansaa Saethee Chith Oulaasehi Kukarr Dhee Ouddaaree ||2||	Can they be swans, and fulfill their conscious desires, if they can only fly like chickens? ||2||	(ਉਹ ਹਾਸੋ-ਹੀਣੇ ਹੁੰਦੇ ਹਨ, ਉਹ, ਮਾਨੋ, ਇਹੋ ਜਿਹੇ ਹਨ ਕਿ) ਕੁੱਕੜ ਦੀ ਉਡਾਰੀ ਉੱਡਣੀ ਜਾਣਦੇ ਹੋਣ ਤੇ ਹੰਸਾਂ ਨਾਲ (ਉੱਡਣ ਲਈ ਆਪਣੇ) ਮਨ ਨੂੰ ਉਤਸ਼ਾਹ ਦੇਂਦੇ ਹੋਣ। (ਤਿਵੇਂ ਉਹਨਾਂ ਮਨਮੁਖਾਂ ਦਾ ਹਾਲ ਸਮਝੋ ਜੋ ਗੁਰਮੁਖਾਂ ਦੀ ਰੀਸ ਕਰਦੇ ਹਨ) ॥੨॥
14739	322	ਪਉੜੀ॥		Pourree ||	Pauree:	
14740	322	ਰਸਨਾ ਉਚਰੈ ਹਰਿ ਸ੍ਰਵਣੀ ਸੁਣੈ ਸੋ ਉਧਰੈ ਮਿਤਾ॥		Rasanaa Oucharai Har Sravanee Sunai So Oudhharai Mithaa ||	Those who chant the Lord's Name with their tongues and hear it with their ears are saved, O my friend.	ਹੇ ਮਿੱਤਰ! ਜੋ ਮਨੁੱਖ ਜੀਭ ਨਾਲ ਹਰਿ-ਨਾਮ ਉਚਾਰਦਾ ਹੈ, ਤੇ ਕੰਨਾਂ ਨਾਲ ਹਰਿ-ਨਾਮ ਸੁਣਦਾ ਹੈ, ਉਹ (ਮਨੁੱਖ ਸੰਸਾਰ-ਸਾਗਰ ਤੋਂ) ਬਚ ਜਾਂਦਾ ਹੈ।
14741	322	ਹਰਿ ਜਸੁ ਲਿਖਹਿ ਲਾਇ ਭਾਵਨੀ ਸੇ ਹਸਤ ਪਵਿਤਾ॥	ਪਵਿੱਤਾ	Har Jas Likhehi Laae Bhaavanee Sae Hasath Pavithaa ||	Those hands which lovingly write the Praises of the Lord are pure.	ਉਸ ਦੇ ਉਹ ਹੱਥ ਪਵਿੱਤ੍ਰ ਹਨ ਜੋ ਸ਼ਰਧਾ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਲਿਖਦੇ ਹਨ।

14742	322	ਅਠਸਠਿ ਤੀਰਥ ਮਜਨਾ ਸਭਿ ਪੁੰਨ ਤਿਨਿ ਕਿਤਾ॥	(ਮੱਜਨਾ) ਇਸ਼ਨਾਨ। (ਕਿੱਤਾ) ਕੀਤਾ	Athasath Theerathh Majanaa Sabh Punn Thin Kithaa ||	It is like performing all sorts of virtuous deeds, and bathing at the sixty-eight sacred shrines of pilgrimage.	ਉਸ ਮਨੁੱਖ ਨੇ, ਮਾਨੋ, ਅਠਾਹਠ ਤੀਰਥਾਂ ਦਾ ਇਸ਼ਨਾਨ ਕਰ ਲਿਆ ਹੈ ਤੇ ਸਾਰੇ ਪੁੰਨ ਕਰਮ ਕਰ ਲਏ ਹਨ।
14743	322	ਸੰਸਾਰ ਸਾਗਰ ਤੇ ਉਧਰੇ ਬਿਖਿਆ ਗੜੁ ਜਿਤਾ॥	ਗੜ੍ਹ। ਜਿੱਤਾ	Sansaar Saagar Thae Oudhharae Bikhiaa Garr Jithaa ||	They cross over the world-ocean, and conquer the fortress of corruption.	ਅਜੇਹੇ ਮਨੁੱਖ ਸੰਸਾਰ-ਸਮੁੰਦਰ (ਦੇ ਵਿਕਾਰਾਂ ਵਿਚ ਡੁੱਬਣ) ਤੋਂ ਬਚ ਜਾਂਦੇ ਹਨ, ਉਹਨਾਂ ਨੇ ਮਾਇਆ ਦਾ ਕਿਲ੍ਹਾ ਜਿੱਤ ਲਿਆ (ਸਮਝੋ)।
14744	323	ਨਾਨਕ ਲੜਿ ਲਾਇ ਉਧਾਰਿਅਨੁ ਦਯੁ ਸੇਵਿ ਅਮਿਤਾ॥੧੯॥		Naanak Larr Laae Oudhhaarian Dhay Saev Amithaa ||19||	O Nanak, serve the Infinite Lord; grasp the hem of His robe, and He will save you. ||19||	ਹੇ ਨਾਨਕ! ਐਸੇ ਬੇਅੰਤ ਪ੍ਰਭੂ ਨੂੰ ਸਿਮਰ, ਜਿਸ ਨੇ ਆਪਣੇ ਲੜ ਲਾ ਕੇ (ਅਨੇਕਾਂ ਜੀਵ) ਬਚਾਏ ਹਨ ॥੧੯॥
14745	323	ਸਲੋਕੁ ਮਃ ੫॥		Salok Ma 5 ||	Shalok, Fifth Mehl:	
14746	323	ਧੰਧੜੇ ਕੁਲਾਹ ਚਿਤਿ ਨ ਆਵੈ ਹੇਕੜੋ॥	(ਕੁਲਾਹ) ਘਾਟੇ ਵਾਲੇ। (ਹੇਕੜੋ) ਇੱਕ	Dhhandhharae Kulaah Chith N Aavai Haekarro ||	Worldly affairs are unprofitable, if the One Lord does not come to mind.	ਉਹ ਕੋਝੇ ਧੰਧੇ ਘਾਟੇ ਵਾਲੇ ਹਨ ਜਿਨ੍ਹਾਂ ਦੇ ਕਾਰਨ ਇੱਕ ਪਰਮਾਤਮਾ ਚਿੱਤ ਵਿਚ ਨਾ ਆਵੇ,
14747	323	ਨਾਨਕ ਸੇਈ ਤੰਨ ਫੁਟੰਨਿ ਜਿਨਾ ਸਾਂਈ ਵਿਸਰੈ॥੧॥	(ਫੁ-ਟੰਨਿ) ਫੁੱਟ ਜਾਂਦੇ	Naanak Saeee Thann Futtann Jinaa Saanee Visarai ||1||	O Nanak, the bodies of those who forget their Master shall burst apart. ||1||	(ਕਿਉਂਕਿ) ਹੇ ਨਾਨਕ! ਉਹ ਸਰੀਰ ਵਿਕਾਰਾਂ ਨਾਲ ਗੰਦੇ ਹੋ ਜਾਂਦੇ ਹਨ ਜਿਨ੍ਹਾਂ ਨੂੰ ਮਾਲਕ ਪ੍ਰਭੂ ਭੁੱਲ ਜਾਂਦਾ ਹੈ ॥੧॥

14748	323	ਮਃ ੫॥		Ma 5 ||	Fifth Mehl:	
14749	323	ਪਰੇਤਹੁ ਕੀਤੋਨੁ ਦੇਵਤਾ ਤਿਨਿ ਕਰਣੈਹਾਰੇ॥		Paraethahu Keethon Dhaevathaa Thin Karanaihaarae ||	The ghost has been transformed into an angel by the Creator Lord.	ਉਸ ਸਿਰਜਣਹਾਰ ਨੇ (ਨਾਮ ਦੀ ਦਾਤਿ ਦੇ ਕੇ ਜੀਵ ਨੂੰ) ਪ੍ਰੇਤ ਤੋਂ ਦੇਵਤਾ ਬਣਾ ਦਿੱਤਾ ਹੈ।
14750	323	ਸਭੇ ਸਿਖ ਉਬਾਰਿਅਨੁ ਪ੍ਰਭਿ ਕਾਜ ਸਵਾਰੇ॥		Sabhae Sikh Oubaarian Prabh Kaaj Savaarae ||	God has emancipated all the Sikhs and resolved their affairs.	ਪ੍ਰਭੂ ਨੇ ਆਪ ਕੰਮ ਸਵਾਰੇ ਹਨ ਤੇ ਸਾਰੇ ਸਿੱਖ (ਵਿਕਾਰਾਂ ਤੋਂ) ਬਚਾ ਲਏ ਹਨ।
14751	323	ਨਿੰਦਕ ਪਕੜਿ ਪਛਾੜਿਅਨੁ ਝੂਠੇ ਦਰਬਾਰੇ॥		Nindhak Pakarr Pashhaarrian Jhoothae Dharabaarae ||	He has seized the slanderers and thrown them to the ground, and declared them false in His Court.	ਝੂਠ ਨਿੰਦਕਾਂ ਨੂੰ ਫੜ ਕੇ ਆਪਣੀ ਹਜ਼ੂਰੀ ਵਿਚ ਉਸ ਨੇ (ਮਾਨੋ) ਪਟਕਾ ਕੇ ਧਰਤੀ ਤੇ ਮਾਰਿਆ ਹੈ।
14752	323	ਨਾਨਕ ਕਾ ਪ੍ਰਭੁ ਵਡਾ ਹੈ ਆਪਿ ਸਾਜਿ ਸਵਾਰੇ॥੨॥		Naanak Kaa Prabh Vaddaa Hai Aap Saaj Savaarae ||2||	Nanak's God is glorious and great; He Himself creates and adorns. ||2||	ਨਾਨਕ ਦਾ ਪ੍ਰਭੂ ਸਭ ਤੋਂ ਵੱਡਾ ਹੈ, ਉਸ ਨੇ ਜੀਵ ਪੈਦਾ ਕਰ ਕੇ ਆਪ ਹੀ ('ਨਾਮ' ਵਿਚ ਜੋੜ ਕੇ) ਸੰਵਾਰ ਦਿੱਤੇ ਹਨ ॥੨॥
14753	323	ਪਉੜੀ॥		Pourree ||	Pauree:	
14754	323	ਪ੍ਰਭੁ ਬੇਅੰਤੁ ਕਿਛੁ ਅੰਤੁ ਨਾਹਿ ਸਭੁ ਤਿਸੈ ਕਰਣਾ॥		Prabh Baeanth Kishh Anth Naahi Sabh Thisai Karanaa ||	God is unlimited; He has no limit; He is the One who does everything.	ਪਰਮਾਤਮਾ ਬੇਅੰਤ ਹੈ, ਉਸ ਦਾ ਕੋਈ ਅੰਤ ਨਹੀਂ ਪੈ ਸਕਦਾ, ਸਾਰਾ ਜਗਤ ਉਸੇ ਨੇ ਬਣਾਇਆ ਹੈ।

14755	323	ਅਗਮ ਅਗੋਚਰੁ ਸਾਹਿਬੋ ਜੀਆਂ ਕਾ ਪਰਣਾ॥		Agam Agochar Saahibo Jeeaaan Kaa Paranaa ||	The Inaccessible and Unapproachable Lord and Master is the Support of His beings.	ਉਹ ਮਾਲਕ ਅਪਹੁੰਚ ਹੈ, ਜੀਵਾਂ ਦੇ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਸਭ ਜੀਵਾਂ ਦਾ ਆਸਰਾ ਹੈ।
14756	323	ਹਸਤ ਦੇਇ ਪ੍ਰਤਿਪਾਲਦਾ ਭਰਣ ਪੋਖਣੁ ਕਰਣਾ॥	(ਭਰਣ) ਦਾਤ ਦੇਣੀ। (ਪੋਖਣੁ) ਰੱਖਿਆ ਕਰਨੀ। ਦੇ-ਇ	Hasath Dhaee Prathipaaladhaa Bharan Pokhan Karanaa ||	Giving His Hand, He nurtures and cherishes; He is the Filler and Fulfiller.	ਹੱਥ ਦੇ ਕੇ ਸਭ ਦੀ ਰੱਖਿਆ ਕਰਦਾ ਹੈ, ਸਭ ਨੂੰ ਪਾਲਦਾ ਹੈ।
14757	323	ਮਿਹਰਵਾਨੁ ਬਖਸਿੰਦੁ ਆਪਿ ਜਪਿ ਸਚੇ ਤਰਣਾ॥	ਬਖ-ਸਿੰਦੁ	Miharavaan Bakhasindh Aap Jap Sachae Tharanaa ||	He Himself is Merciful and Forgiving. Chanting the True Name, one is saved.	ਉਹ ਪ੍ਰਭੂ ਮਿਹਰ ਕਰਨ ਵਾਲਾ ਹੈ, ਬਖ਼ਸ਼ਸ਼ ਕਰਨ ਵਾਲਾ ਹੈ, ਜੀਵ ਉਸ ਨੂੰ ਸਿਮਰ ਕੇ ਤਰਦੇ ਹਨ।
14758	323	ਜੋ ਤੁਧੁ ਭਾਵੈ ਸੋ ਭਲਾ ਨਾਨਕ ਦਾਸ ਸਰਣਾ॥੨੦॥		Jo Thudhh Bhaavai So Bhalaa Naanak Dhaas Saranaa ||20||	Whatever pleases You - that alone is good; slave Nanak seeks Your Sanctuary. ||20||	ਹੇ ਦਾਸ ਨਾਨਕ! (ਆਖ-) 'ਜੋ ਕੁਝ ਤੇਰੀ ਰਜ਼ਾ ਵਿਚ ਹੋ ਰਿਹਾ ਹੈ ਉਹ ਠੀਕ ਹੈ, ਅਸੀਂ ਜੀਵ ਤੇਰੀ ਸ਼ਰਨ ਹਾਂ' ॥੨੦॥
14759	323	ਸਲੋਕ ਮਃ ੫॥		Salok Ma 5 ||	Shalok, Fifth Mehl:	
14760	323	ਤਿਨ੍ਹਾ ਭੁਖ ਨ ਕਾ ਰਹੀ ਜਿਸ ਦਾ ਪ੍ਰਭੁ ਹੈ ਸੋਇ॥		Thinnaa Bhukh N Kaa Rehee Jis Dhaa Prabh Hai Soe ||	One who belongs to God has no hunger.	ਜਿਸ ਜਿਸ ਮਨੁੱਖ ਦੇ ਸਿਰ ਤੇ ਰਾਖਾ ਉਹ ਪ੍ਰਭੂ ਹੈ ਉਹਨਾਂ ਨੂੰ (ਮਾਇਆ ਦੀ) ਕੋਈ ਭੁੱਖ ਨਹੀਂ ਰਹਿ ਜਾਂਦੀ।

14761	323	ਨਾਨਕ ਚਰਣੀ ਲਗਿਆ ਉਧਰੈ ਸਭੋ ਕੋਇ॥੧॥	ਲੱਗਿਆ	Naanak Charanee Lagiaa Oudhharai Sabho Koe ||1||	O Nanak, everyone who falls at his feet is saved. ||1||	ਹੇ ਨਾਨਕ! ਪਰਮਾਤਮਾ ਦੀ ਚਰਨੀਂ ਲੱਗਿਆਂ ਹਰੇਕ ਜੀਵ ਮਾਇਆ ਦੀ ਭੁੱਖ ਤੋਂ ਬਚ ਜਾਂਦਾ ਹੈ ॥੧॥
14762	323	ਮਃ ੫॥		Ma 5 ||	Fifth Mehl:	
14763	323	ਜਾਚਿਕੁ ਮੰਗੈ ਨਿਤ ਨਾਮੁ ਸਾਹਿਬੁ ਕਰੇ ਕਬੂਲੁ॥		Jaachik Mangai Nith Naam Saahib Karae Kabool ||	If the beggar begs for the Lord's Name every day, his Lord and Master will grant his request.	(ਜੋ ਮਨੁੱਖ) ਮੰਗਤਾ (ਬਣ ਕੇ ਮਾਲਕ-ਪ੍ਰਭੂ ਤੋਂ) ਸਦਾ ਨਾਮ ਮੰਗਦਾ ਹੈ (ਉਸ ਦੀ ਅਰਜ਼) ਮਾਲਕ ਕਬੂਲ ਕਰਦਾ ਹੈ।
14764	323	ਨਾਨਕ ਪਰਮੇਸਰੁ ਜਜਮਾਨੁ ਤਿਸਹਿ ਭੁਖ ਨ ਮੂਲਿ॥੨॥	(ਜਜਮਾਨੁ) ਦਾਨ ਦੇਣ ਵਾਲਾ	Naanak Paramaesar Jajamaan Thisehi Bhukh N Mool ||2||	O Nanak, the Transcendent Lord is the most generous host; He does not lack anything at all. ||2||	ਹੇ ਨਾਨਕ! ਜਿਸ ਮਨੁੱਖ ਦਾ ਜਜਮਾਨ (ਆਪ) ਪਰਮੇਸਰ ਹੈ ਉਸ ਨੂੰ ਰਤਾ ਭੀ (ਮਾਇਆ ਦੀ) ਭੁੱਖ ਨਹੀਂ ਰਹਿੰਦੀ ॥੨॥
14765	323	ਪਉੜੀ॥		Pourree ||	Pauree:	
14766	323	ਮਨੁ ਰਤਾ ਗੋਵਿੰਦ ਸੰਗਿ ਸਚੁ ਭੋਜਨੁ ਜੋੜੇ॥	ਰੱਤਾ। (ਜੋੜੇ) ਪਹਿਰਾਵੇ	Man Rathaa Govindh Sang Sach Bhojan Jorrae ||	To imbue the mind with the Lord of the Universe is the true food and dress.	(ਜੋ ਮਨੁੱਖ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ ਉਸ ਦਾ) ਮਨ ਪਰਮਾਤਮਾ ਨਾਲ ਰੰਗਿਆ ਜਾਂਦਾ ਹੈ ਉਸ ਨੂੰ ਪ੍ਰਭੂ ਦਾ ਨਾਮ ਹੀ ਚੰਗੇ ਭੋਜਨ ਤੇ ਪੁਸ਼ਾਕੇ ਹੈ।

14767	323	ਪ੍ਰੀਤਿ ਲਗੀ ਹਰਿ ਨਾਮ ਸਿਉ ਏ ਹਸਤੀ ਘੋੜੇ॥		Preeth Lagee Har Naam Sio Eae Hasathee Ghorrae ||	To embrace love for the Name of the Lord is to possess horses and elephants.	ਪਰਮਾਤਮਾ ਦੇ ਨਾਮ ਨਾਲ ਉਸ ਦਾ ਪਿਆਰ ਬਣ ਜਾਂਦਾ ਹੈ, ਇਹੀ ਉਸ ਲਈ ਹਾਥੀ ਤੇ ਘੋੜੇ ਹੈ।
14768	323	ਰਾਜ ਮਿਲਖ ਖੁਸੀਆ ਘਣੀ ਧਿਆਇ ਮੁਖੁ ਨ ਮੋੜੇ॥		Raaj Milakh Khuseeaa Ghanee Dhhiaae Mukh N Morrae ||	To meditate on the Lord steadfastly is to rule over kingdoms of property and enjoy all sorts of pleasures.	ਪ੍ਰਭੂ ਨੂੰ ਸਿਮਰਨ ਤੋਂ ਕਦੇ ਉਹ ਅੱਕਦਾ ਨਹੀਂ, ਇਹੀ ਉਸ ਲਈ ਰਾਜ ਜ਼ਮੀਨਾਂ ਤੇ ਬੇਅੰਤ ਖ਼ੁਸ਼ੀਆਂ ਹਨ।
14769	323	ਢਾਢੀ ਦਰਿ ਪ੍ਰਭ ਮੰਗਣਾ ਦਰੁ ਕਦੇ ਨ ਛੋੜੇ॥		Dtaadtee Dhar Prabh Manganaa Dhar Kadhae N Shhorrae ||	The minstrel begs at God's Door - he shall never leave that Door.	ਉਹ ਢਾਡੀ ਪ੍ਰਭੂ ਦੇ ਦਰ ਤੋਂ ਸਦਾ ਮੰਗਦਾ ਹੈ, ਪ੍ਰਭੂ ਦਾ ਦਰ ਕਦੇ ਛੱਡਦਾ ਨਹੀਂ।
14770	323	ਨਾਨਕ ਮਨਿ ਤਨਿ ਚਾਉ ਏਹੁ ਨਿਤ ਪ੍ਰਭ ਕਉ ਲੋੜੇ॥੨੧॥੧॥ਸੁਧੁ ਕੀਚੇ	(ਸੁਧੁ ਕੀਚੇ) ਸ਼ੁੱਧ ਪਾਠ ਕਰੋ, ਸ਼ੁੱਧ ਕੀਤੇ ਗੁਰਬਾਣੀ ਜੀ ਨੂੰ ਸੋਧਣ ਲਈ ਕੋਈ ਭੀ ਕਲਮ ਨ ਚੁੱਕੇ।	Naanak Man Than Chaao Eaehu Nith Prabh Ko Lorrae ||21||1|| Sudhh Keechae	Nanak has this yearning in his mind and body - he longs continually for God. ||21||1|| Sudh Keechay||	ਹੇ ਨਾਨਕ! ਸਿਫ਼ਤਿ-ਸਾਲਾਹ ਕਰਨ ਵਾਲੇ ਦੇ ਮਨ ਵਿਚ ਤਨ ਵਿਚ ਸਦਾ ਚਾਉ ਬਣਿਆ ਰਹਿੰਦਾ ਹੈ; ਉਹ ਸਦਾ ਪ੍ਰਭੂ ਨੂੰ ਮਿਲਣ ਲਈ ਹੀ ਤਾਂਘਦਾ ਹੈ ॥੨੧॥੧॥ ਸੁੱਧ ਕਰ ਲੈਣਾ॥
14771	323	ਰਾਗੁ ਗਉੜੀ ਭਗਤਾਂ ਕੀ ਬਾਣੀ		Raag Gourree Bhagathaan Kee Baanee	Raag Gauree, The Word Of The Devotees:	ਰਾਗ ਗਉੜੀ ਵਿੱਚ ਭਗਤਾਂ ਦੀ ਬਾਣੀ।

14772	323	ੴ ਸਤਿਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ॥		Ik Oankaar Sathinaam Karathaa Purakh Gur Prasaadh ||	One Universal Creator God. Truth Is The Name. Creative Being Personified. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ, ਜੋ ਸ੍ਰਿਸ਼ਟੀ ਦਾ ਰਚਨਹਾਰ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
14773	323	ਗਉੜੀ ਗੁਆਰੇਰੀ ਸ੍ਰੀ ਕਬੀਰ ਜੀਉ ਕੇ ਚਉਪਦੇ ੧੪॥	੧੪ ਚੌਪਦੇ ਹਨ, ਚਉਪਦੇ ਚੌਦਾਂ ਪੜ੍ਹੋ	Gourree Guaaraeree Sree Kabeer Jeeo Kae Choupadhae 14 ||	Gauree Gwaarayree, Fourteen Chau-Padas Of Kabeer Jee:	ਰਾਗ ਗਉੜੀ-ਗੁਆਰੇਰੀ ਵਿੱਚ ਭਗਤ ਕਬੀਰ ਜੀ ਦੀ ਚਾਰ-ਬੰਦਾਂ ਵਾਲੀ ਬਾਣੀ ਦੇ ੧੪ ਸ਼ਬਦ।
14774	323	ਅਬ ਮੋਹਿ ਜਲਤ ਰਾਮ ਜਲੁ ਪਾਇਆ॥		Ab Mohi Jalath Raam Jal Paaeiaa ||	I was on fire, but now I have found the Water of the Lord's Name.	(ਭਾਲਦਿਆਂ ਭਾਲਦਿਆਂ) ਹੁਣ ਮੈਂ ਪ੍ਰਭੂ ਦੇ ਨਾਮ ਦਾ ਅੰਮ੍ਰਿਤ ਲੱਭ ਲਿਆ ਹੈ,
14775	323	ਰਾਮ ਉਦਕਿ ਤਨੁ ਜਲਤ ਬੁਝਾਇਆ॥੧॥ਰਹਾਉ॥	ਉਦਕਿ:ਪੋਲਾ ਬੋਲੋ। (ਉਦਕਿ) ਪਾਣੀ। ਜਲਤ। ਬੁਝਾਇਆ: ਪੋਲੇ ਬੋਲੋ	Raam Oudhak Than Jalath Bujhaaeiaa ||1|| Rehaao ||	This Water of the Lord's Name has cooled my burning body. ||1||Pause||	ਉਸ ਨਾਮ-ਅੰਮ੍ਰਿਤ ਨੇ ਮੇਰੇ ਸੜਦੇ ਸਰੀਰ ਨੂੰ ਠੰਢ ਪਾ ਦਿੱਤੀ ਹੈ ॥੧॥ ਰਹਾਉ ॥
14776	323	ਮਨੁ ਮਾਰਣ ਕਾਰਣਿ ਬਨ ਜਾਈਐ॥		Man Maaran Kaaran Ban Jaaeeai ||	To subdue their minds, some go off into the forests;	ਜੰਗਲਾਂ ਵਲ (ਤੀਰਥ ਆਦਿਕਾਂ ਤੇ) ਮਨ ਨੂੰ ਮਾਰਨ ਲਈ (ਸ਼ਾਂਤ ਕਰਨ ਲਈ) ਜਾਈਦਾ ਹੈ,

14777	323	ਸੋ ਜਲੁ ਬਿਨੁ ਭਗਵੰਤ ਨ ਪਾਈਐ॥੧॥		So Jal Bin Bhagavanth N Paaeeai ||1||	But that Water is not found without the Lord God. ||1||	ਪਰ ਉਹ (ਨਾਮ-ਰੂਪ) ਅੰਮ੍ਰਿਤ (ਜੋ ਮਨ ਨੂੰ ਸ਼ਾਂਤ ਕਰ ਸਕੇ) ਪ੍ਰਭੂ ਤੋਂ ਬਿਨਾ (ਪ੍ਰਭੂ ਦੇ ਸਿਮਰਨ ਤੋਂ ਬਿਨਾ) ਨਹੀਂ ਲੱਭ ਸਕਦਾ ॥੧॥
14778	323	ਜਿਹ ਪਾਵਕ ਸੁਰਿ ਨਰ ਹੈ ਜਾਰੇ॥		Jih Paavak Sur Nar Hai Jaarae ||	That fire has consumed angels and mortal beings,	(ਤ੍ਰਿਸ਼ਨਾ ਦੀ) ਜਿਸ ਅੱਗ ਨੇ ਦੇਵਤੇ ਤੇ ਮਨੁੱਖ ਸਾੜ ਸੁੱਟੇ ਸਨ,
14779	323	ਰਾਮ ਉਦਕਿ ਜਨ ਜਲਤ ਉਬਾਰੇ॥੨॥	(ਉਬਾਰੇ) ਬਚਾਏ	Raam Oudhak Jan Jalath Oubaarae ||2||	But the Water of the Lord's Name saves His humble servants from burning. ||2||	ਪ੍ਰਭੂ ਦੇ (ਨਾਮ-) ਅੰਮ੍ਰਿਤ ਨੇ ਭਗਤ ਜਨਾਂ ਨੂੰ ਉਸ ਸੜਨ ਤੋਂ ਬਚਾ ਲਿਆ ਹੈ ॥੨॥
14780	323	ਭਵ ਸਾਗਰ ਸੁਖਸਾਗਰ ਮਾਹੀ॥		Bhav Saagar Sukh Saagar Maahee ||	In the terrifying world-ocean, there is an ocean of peace.	(ਉਹ ਭਗਤ ਜਨ ਜਿਨ੍ਹਾਂ ਨੂੰ 'ਰਾਮ-ਉਦਕ' ਨੇ ਸੜਨ ਤੋਂ ਬਚਾਇਆ ਹੈ) ਇਸ ਸੰਸਾਰ-ਸਮੁੰਦਰ ਵਿਚ (ਜੋ ਹੁਣ ਉਹਨਾਂ ਲਈ) ਸੁਖਾਂ ਦਾ ਸਮੁੰਦਰ (ਬਣ ਗਿਆ ਹੈ),
14781	323	ਪੀਵਿ ਰਹੇ ਜਲ ਨਿਖੁਟਤ ਨਾਹੀ॥੩॥	(ਨਿਖੁੱਟਤ) ਮੁੱਕਦਾ	Peev Rehae Jal Nikhuttath Naahee ||3||	I continue to drink it in, but this Water is never exhausted. ||3||	ਨਾਮ-ਅੰਮ੍ਰਿਤ ਲਗਾਤਾਰ ਪੀ ਰਹੇ ਹਨ ਤੇ ਉਹ ਅੰਮ੍ਰਿਤ ਮੁੱਕਦਾ ਨਹੀਂ ॥੩॥
14782	323	ਕਹਿ ਕਬੀਰ ਭਜੁ ਸਾਰਿੰਗਪਾਨੀ॥	ਭਜੁ: ਪੋਲਾ ਬੋਲੋ	Kehi Kabeer Bhaj Saaringapaanee ||	Says Kabeer, meditate and vibrate upon the Lord, like the rainbird remembering the water.	ਕਬੀਰ ਆਖਦਾ ਹੈ-(ਹੇ ਮਨ!) ਪਰਮਾਤਮਾ ਦਾ ਸਿਮਰਨ ਕਰ,

14783	323	ਰਾਮ ਉਦਕਿ ਮੇਰੀ ਤਿਖਾ ਬੁਝਾਨੀ॥੪॥੧॥	ਤਿਖਾ ਬੁਝਾਨੀ: ਪੋਲੇ ਬੋਲੋ	Raam Oudhak Maeree Thikhaa Bujhaanee ||4||1||	The Water of the Lord's Name has quenched my thirst. ||4||1||	ਪਰਮਾਤਮਾ ਦੇ ਨਾਮ-ਅੰਮ੍ਰਿਤ ਨੇ ਮੇਰੀ (ਮਾਇਆ ਦੀ) ਤ੍ਰਿਸ਼ਨਾ ਮਿਟਾ ਦਿੱਤੀ ਹੈ ॥੪॥੧॥
14784	323	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
14785	323	ਮਾਧਉ ਜਲ ਕੀ ਪਿਆਸ ਨ ਜਾਇ॥		Maadhho Jal Kee Piaas N Jaae ||	O Lord, my thirst for the Water of Your Name will not go away.	ਹੇ ਮਾਇਆ ਦੇ ਪਤੀ ਪ੍ਰਭੂ! ਤੇਰੇ ਨਾਮ-ਅੰਮ੍ਰਿਤ ਦੀ ਤ੍ਰੇਹ ਮਿਟਦੀ ਨਹੀਂ (ਭਾਵ, ਤੇਰਾ ਨਾਮ ਜਪ ਜਪ ਕੇ ਮੈਂ ਰੱਜਦਾ ਨਹੀਂ ਹਾਂ।)
14786	323	ਜਲ ਮਹਿ ਅਗਨਿ ਉਠੀ ਅਧਿਕਾਇ॥੧॥ਰਹਾਉ॥	(ਅਧਿਕਾਇ) ਹੋਰ ਵਧੇਰੀ	Jal Mehi Agan Outhee Adhhikaae ||1|| Rehaao ||	The fire of my thirst burns even more brightly in that Water. ||1||Pause||	ਤੇਰਾ ਨਾਮ-ਅੰਮ੍ਰਿਤ ਪੀਂਦਿਆਂ ਪੀਂਦਿਆਂ ਵਧੀਕ ਤਾਂਘ ਪੈਦਾ ਹੋ ਰਹੀ ਹੈ ॥੧॥ ਰਹਾਉ ॥
14787	323	ਤੂੰ ਜਲਨਿਧਿ ਹਉ ਜਲ ਕਾ ਮੀਨੁ॥		Thoon Jalanidhh Ho Jal Kaa Meen ||	You are the Ocean of Water, and I am just a fish in that Water.	ਹੇ ਪ੍ਰਭੂ! ਤੂੰ ਜਲ ਦਾ ਖ਼ਜ਼ਾਨਾ (ਸਮੁੰਦਰ) ਹੈਂ, ਤੇ ਮੈਂ ਉਸ ਜਲ ਦਾ ਮੱਛ ਹਾਂ।
14788	323	ਜਲ ਮਹਿ ਰਹਉ ਜਲਹਿ ਬਿਨੁ ਖੀਨੁ॥੧॥		Jal Mehi Reho Jalehi Bin Kheen ||1||	In that Water, I remain; without that Water, I would perish. ||1||	ਜਲ ਵਿਚ ਹੀ ਮੈਂ ਜੀਊਂਦਾ ਰਹਿ ਸਕਦਾ ਹਾਂ; ਜਲ ਤੋਂ ਬਿਨਾ ਮੈਂ ਮਰ ਜਾਂਦਾ ਹਾਂ ॥੧॥
14789	323	ਤੂੰ ਪਿੰਜਰੁ ਹਉ ਸੂਅਟਾ ਤੋਰ॥	(ਸੂਅਟਾ) ਤੋਤਾ	Thoon Pinjar Ho Sooattaa Thor ||	You are the cage, and I am Your parrot.	ਤੂੰ ਮੇਰਾ ਪਿੰਜਰਾ ਹੈਂ, ਮੈਂ ਤੇਰਾ ਕਮਜ਼ੋਰ ਜਿਹਾ ਤੋਤਾ ਹਾਂ।

14790	323	ਜਮੁ ਮੰਜਾਰੁ ਕਹਾ ਕਰੈ ਮੋਰ॥੨॥	(ਮੰਜਾਰੁ) ਬਿੱਲਾ	Jam Manjaar Kehaa Karai Mor ||2||	So what can the cat of death do to me? ||2||	(ਤੇਰੇ ਆਸਰੇ ਰਿਹਾਂ) ਜਮ-ਰੂਪ ਬਿੱਲਾ ਮੇਰਾ ਕੀਹ ਵਿਗਾੜ ਸਕਦਾ ਹੈ? ॥੨॥
14791	323	ਤੂੰ ਤਰਵਰੁ ਹਉ ਪੰਖੀ ਆਹਿ॥	(ਤਰਵਰੁ) ਰੁੱਖ। (ਆਹਿ) ਹਾਂ	Thoon Tharavar Ho Pankhee Aahi ||	You are the tree, and I am the bird.	ਹੇ ਪ੍ਰਭੂ! ਤੂੰ ਸੋਹਣਾ ਰੁੱਖ ਹੈਂ ਤੇ ਮੈਂ (ਉਸ ਰੁੱਖ ਦੇ ਆਸਰੇ ਰਹਿਣ ਵਾਲਾ) ਪੰਛੀ ਹਾਂ।
14792	323	ਮੰਦਭਾਗੀ ਤੇਰੋ ਦਰਸਨੁ ਨਾਹਿ॥੩॥		Mandhabhaagee Thaero Dharasan Naahi ||3||	I am so unfortunate - I cannot see the Blessed Vision of Your Darshan! ||3||	(ਮੈਨੂੰ) ਮੰਦ-ਭਾਗੀ ਨੂੰ (ਅਜੇ ਤਕ) ਤੇਰਾ ਦਰਸ਼ਨ ਨਸੀਬ ਨਹੀਂ ਹੋਇਆ ॥੩॥
14793	324	ਤੂੰ ਸਤਿਗੁਰੁ ਹਉ ਨਉਤਨੁ ਚੇਲਾ॥	(ਨਉਤਨੁ) ਨਵੀਨ। (ਚੇੱਲਾ) ਸੇਵਕ	Thoon Sathigur Ho Nouthan Chaelaa ||	You are the True Guru, and I am Your new disciple.	ਹੇ ਪ੍ਰਭੂ! ਤੂੰ (ਮੇਰਾ) ਗੁਰੂ ਹੈਂ, ਮੈਂ ਤੇਰਾ ਨਵਾਂ ਸਿੱਖ ਹਾਂ (ਭਾਵ, ਤੇਰੇ ਨਾਲ ਉਸੇ ਤਰ੍ਹਾਂ ਪਿਆਰ ਹੈ ਜਿਵੇਂ ਨਵਾਂ ਨਵਾਂ ਸਿੱਖ ਆਪਣੇ ਗੁਰੂ ਨਾਲ ਕਰਦਾ ਹੈ)।
14794	324	ਕਹਿ ਕਬੀਰ ਮਿਲੁ ਅੰਤ ਕੀ ਬੇਲਾ॥੪॥੨॥	ਬੇਲਾ: ਪੋਲਾ ਬੋਲੋ	Kehi Kabeer Mil Anth Kee Baelaa ||4||2||	Says Kabeer, O Lord, please meet me - this is my very last chance! ||4||2||	ਕਬੀਰ ਆਖਦਾ ਹੈ-ਹੁਣ ਤਾਂ (ਮਨੁੱਖਾ-ਜਨਮ) ਅਖ਼ੀਰ ਦਾ ਵੇਲਾ ਹੈ, ਮੈਨੂੰ ਜ਼ਰੂਰ ਮਿਲ ॥੪॥੨॥
14795	324	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
14796	324	ਜਬ ਹਮ ਏਕੋ ਏਕੁ ਕਰਿ ਜਾਨਿਆ॥		Jab Ham Eaeko Eaek Kar Jaaniaa ||	When I realize that there is One, and only One Lord,	ਜਦੋਂ ਅਸਾਂ (ਭਾਵ, ਮੈਂ) ਇਹ ਸਮਝ ਲਿਆ ਹੈ ਕਿ ਸਭ ਥਾਈਂ ਇਕ ਪਰਮਾਤਮਾ ਹੀ ਵਿਆਪਕ ਹੈ,

14797	324	ਤਬ ਲੋਗਹ ਕਾਹੇ ਦੁਖੁ ਮਾਨਿਆ॥੧॥		Thab Logeh Kaahae Dhukh Maaniaa ||1||	Why then should the people be upset? ||1||	ਤਾਂ (ਪਤਾ ਨਹੀਂ) ਲੋਕਾਂ ਨੇ ਇਸ ਗੱਲ ਨੂੰ ਕਿਉਂ ਬੁਰਾ ਮਨਾਇਆ ਹੈ ॥੧॥
14798	324	ਹਮ ਅਪਤਹ ਅਪੁਨੀ ਪਤਿ ਖੋਈ॥	(ਅ-ਪਤਹ) ਪਤਿ ਰਹਿਤ	Ham Apatheh Apunee Path Khoee ||	I am dishonored; I have lost my honor.	ਮੈਂ ਨਿਸੰਗ ਹੋ ਗਿਆ ਹਾਂ ਤੇ ਮੈਨੂੰ ਇਹ ਪਰਵਾਹ ਨਹੀਂ ਕਿ ਕੋਈ ਮਨੁੱਖ ਮੇਰੀ ਇੱਜ਼ਤ ਕਰੇ ਜਾਂ ਨਾਹ ਕਰੇ।
14799	324	ਹਮਰੈ ਖੋਜਿ ਪਰਹੁ ਮਤਿ ਕੋਈ॥੧॥ਰਹਾਉ॥		Hamarai Khoj Parahu Math Koee ||1|| Rehaao ||	No one should follow in my footsteps. ||1||Pause||	(ਤੁਹਾਨੂੰ ਲੋਕਾਂ ਨੂੰ ਜਗਤ ਵਿਚ ਮਨ-ਵਡਿਆਈ ਦਾ ਖ਼ਿਆਲ ਹੈ, ਇਸ ਵਾਸਤੇ ਜਿਸ ਰਾਹੇ ਮੈਂ ਪਿਆ ਹਾਂ) ਉਸ ਰਾਹੇ ਮੇਰੇ ਪਿੱਛੇ ਨਾਹ ਤੁਰੋ ॥੧॥ ਰਹਾਉ ॥
14800	324	ਹਮ ਮੰਦੇ ਮੰਦੇ ਮਨ ਮਾਹੀ॥		Ham Mandhae Mandhae Man Maahee ||	I am bad, and bad in my mind as well.	ਜੇ ਮੈਂ ਭੈੜਾ ਹਾਂ ਤਾਂ ਆਪਣੇ ਹੀ ਅੰਦਰ ਭੈੜਾ ਹਾਂ ਨ, (ਕਿਸੇ ਨੂੰ ਇਸ ਗੱਲ ਨਾਲ ਕੀਹ?)
14801	324	ਸਾਝ ਪਾਤਿ ਕਾਹੂ ਸਿਉ ਨਾਹੀ॥੨॥		Saajh Paath Kaahoo Sio Naahee ||2||	I have no partnership with anyone. ||2||	ਮੈਂ ਕਿਸੇ ਨਾਲ (ਇਸੇ ਕਰਕੇ) ਕੋਈ ਮੇਲ-ਮੁਲਾਕਾਤ ਭੀ ਨਹੀਂ ਰੱਖੀ ਹੋਈ ॥੨॥
14802	324	ਪਤਿ ਅਪਤਿ ਤਾ ਕੀ ਨਹੀ ਲਾਜ॥	ਪਤਿ ਅ-ਪਤਿ: ਪੋਲੇ ਬੋਲੋ	Path Apath Thaa Kee Nehee Laaj ||	I have no shame about honor or dishonor.	ਕੋਈ ਮੇਰੀ ਇੱਜ਼ਤ ਕਰੇ ਜਾਂ ਨਿਰਾਦਰੀ ਕਰੇ, ਮੈਂ ਇਸ ਵਿਚ ਕੋਈ ਹਾਣਤ ਨਹੀਂ ਸਮਝਦਾ;
14803	324	ਤਬ ਜਾਨਹੁਗੇ ਜਬ ਉਘਰੈਗੋ ਪਾਜ॥੩॥	ਜਾਨਹੁ-ਗੇ ਉਘਰੈ-ਗੋ	Thab Jaanahugae Jab Ougharaigo Paaj ||3||	But you shall know, when your own false covering is laid bare. ||3||	ਕਿਉਂਕਿ ਤੁਹਾਨੂੰ ਭੀ ਤਦੋਂ ਹੀ ਸਮਝ ਆਵੇਗੀ (ਕਿ ਅਸਲ ਇੱਜ਼ਤ ਜਾਂ ਨਿਰਾਦਰੀ ਕਿਹੜੀ ਹੈ) ਜਦੋਂ ਤੁਹਾਡਾ ਇਹ ਜਗਤ-ਵਿਖਾਵਾ ਉੱਘੜ ਜਾਇਗਾ ॥੩॥

14804	324	ਕਹੁ ਕਬੀਰ ਪਤਿ ਹਰਿ ਪਰਵਾਨੁ॥		Kahu Kabeer Path Har Paravaan ||	Says Kabeer, honor is that which is accepted by the Lord.	ਕਬੀਰ ਆਖਦਾ ਹੈ- (ਅਸਲ) ਇੱਜ਼ਤ ਉਸੇ ਦੀ ਹੀ ਹੈ, ਜਿਸ ਨੂੰ ਪ੍ਰਭੂ ਕਬੂਲ ਕਰ ਲਏ।
14805	324	ਸਰਬ ਤਿਆਗਿ ਭਜੁ ਕੇਵਲ ਰਾਮੁ॥੪॥੩॥	ਭਜੁ: ਪੋਲਾ ਬੋਲੋ	Sarab Thiaag Bhaj Kaeval Raam ||4||3||	Give up everything - meditate, vibrate upon the Lord alone. ||4||3||	(ਤਾਂ ਤੇ, ਹੇ ਕਬੀਰ!) ਹੋਰ ਸਭ ਕੁਝ (ਭਾਵ, ਦੁਨੀਆ ਦੀ ਲੋਕ-ਲਾਜ) ਛੱਡ ਕੇ ਪਰਮਾਤਮਾ ਦਾ ਸਿਮਰਨ ਕਰ ॥੪॥੩॥
14806	324	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
14807	324	ਨਗਨ ਫਿਰਤ ਜੌ ਪਾਈਐ ਜੋਗੁ॥		Nagan Firath Ja Paaeeai Jog ||	If Yoga could be obtained by wandering around naked,	ਜੇ ਨੰਗੇ ਫਿਰਦਿਆਂ ਪਰਮਾਤਮਾ ਨਾਲ ਮਿਲਾਪ ਹੋ ਸਕਦਾ ਹੈ,
14808	324	ਬਨ ਕਾ ਮਿਰਗੁ ਮੁਕਤਿ ਸਭੁ ਹੋਗੁ॥੧॥		Ban Kaa Mirag Mukath Sabh Hog ||1||	Then all the deer of the forest would be liberated. ||1||	ਤਾਂ ਜੰਗਲ ਦਾ ਹਰੇਕ ਪਸ਼ੂ ਮੁਕਤ ਹੋ ਜਾਣਾ ਚਾਹੀਦਾ ਹੈ ॥੧॥
14809	324	ਕਿਆ ਨਾਗੇ ਕਿਆ ਬਾਧੇ ਚਾਮ॥	ਨਾਂਗੇ	Kiaa Naagae Kiaa Baadhhae Chaam ||	What does it matter whether someone goes naked, or wears a deer skin,	(ਹੇ ਭਾਈ!) ਤਦ ਤਕ ਨੰਗੇ ਰਿਹਾਂ ਕੀਹ ਸੌਰ ਜਾਣਾ ਹੈ ਤੇ ਪਿੰਡੇ ਤੇ ਚੰਮ ਲਪੇਟਿਆਂ ਕੀਹ ਮਿਲ ਜਾਣਾ ਹੈ?
14810	324	ਜਬ ਨਹੀ ਚੀਨਸਿ ਆਤਮ ਰਾਮ॥੧॥ਰਹਾਉ॥		Jab Nehee Cheenas Aatham Raam ||1|| Rehaao ||	If he does not remember the Lord within his soul? ||1||Pause||	ਜਦ ਤਕ ਤੂੰ ਪਰਮਾਤਮਾ ਨੂੰ ਨਹੀਂ ਪਛਾਣਦਾ ॥੧॥ ਰਹਾਉ ॥

14811	324	ਮੂਡ ਮੁੰਡਾਏ ਜੌ ਸਿਧਿ ਪਾਈ॥		Moodd Munddaaeae Ja Sidhh Paaee ||	If the spiritual perfection of the Siddhas could be obtained by shaving the head,	ਜੇ ਸਿਰ ਮੁਨਾਇਆਂ ਸਿੱਧੀ ਮਿਲ ਸਕਦੀ ਹੈ,
14812	324	ਮੁਕਤੀ ਭੇਡ ਨ ਗਈਆ ਕਾਈ॥੨॥		Mukathee Bhaedd N Geeaa Kaaee ||2||	Then why haven't sheep found liberation? ||2||	(ਤਾਂ ਇਹ ਕੀਹ ਕਾਰਨ ਹੈ ਕਿ) ਕੋਈ ਭੀ ਭੇਡ (ਹੁਣ ਤਕ ਮੁਕਤ ਨਹੀਂ ਹੋਈ?) ॥੨॥
14813	324	ਬਿੰਦੁ ਰਾਖਿ ਜੌ ਤਰੀਐ ਭਾਈ॥		Bindh Raakh Ja Thareeai Bhaaee ||	If someone could save himself by celibacy, O Siblings of Destiny,	ਹੇ ਭਾਈ! ਜੇ ਬਾਲ-ਜਤੀ ਰਿਹਾਂ (ਸੰਸਾਰ-ਸਮੁੰਦਰ ਤੋਂ) ਤਰ ਸਕੀਦਾ ਹੈ,
14814	324	ਖੁਸਰੈ ਕਿਉ ਨ ਪਰਮਗਤਿ ਪਾਈ॥੩॥		Khusarai Kio N Param Gath Paaee ||3||	Why then haven't eunuchs obtained the state of supreme dignity? ||3||	ਤਾਂ ਖੁਸਰੇ ਨੂੰ ਕਿਉਂ ਮੁਕਤੀ ਨਹੀਂ ਮਿਲ ਜਾਂਦੀ? ॥੩॥
14815	324	ਕਹੁ ਕਬੀਰ ਸੁਨਹੁ ਨਰ ਭਾਈ॥		Kahu Kabeer Sunahu Nar Bhaaee ||	Says Kabeer, listen, O men, O Siblings of Destiny:	ਕਬੀਰ ਆਖਦਾ ਹੈ- ਹੇ ਭਰਾਵੋ! ਸੁਣੋ!
14816	324	ਰਾਮ ਨਾਮ ਬਿਨੁ ਕਿਨਿ ਗਤਿ ਪਾਈ॥੪॥੪॥		Raam Naam Bin Kin Gath Paaee ||4||4||	Without the Lord's Name, who has ever found salvation? ||4||4||	ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਕਿਸੇ ਨੂੰ ਮੁਕਤੀ ਨਹੀਂ ਮਿਲੀ ॥੪॥੪॥
14817	324	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	

14818	324	ਸੰਧਿਆ ਪ੍ਰਾਤ ਇਸ੍ਨਾਨੁ ਕਰਾਹੀ॥	(ਸੰਧਿਆ) ਸ਼ਾਮ। (ਪ੍ਰਾਤ) ਸਵੇਰੇ। ਨੰਨਾ ਅੱਧਾ੍ : ਪੋਲਾ ਬੋਲੋ	Sandhhiaa Praath Eisaan Karaahee ||	Those who take their ritual baths in the evening and the morning	(ਜੋ ਮਨੁੱਖ) ਸਵੇਰੇ ਤੇ ਸ਼ਾਮ ਨੂੰ (ਭਾਵ, ਦੋਵੇਂ ਵੇਲੇ ਨਿਰਾ) ਇਸ਼ਨਾਨ ਹੀ ਕਰਦੇ ਹਨ
14819	324	ਜਿਉ ਭਏ ਦਾਦੁਰ ਪਾਨੀ ਮਾਹੀ॥੧॥		Jio Bheae Dhaadhur Paanee Maahee ||1||	Are like the frogs in the water. ||1||	(ਤੇ ਸਮਝਦੇ ਹਨ ਕਿ ਅਸੀਂ ਪਵਿੱਤਰ ਹੋ ਗਏ ਹਾਂ, ਉਹ ਇਉਂ ਹਨ) ਜਿਵੇਂ ਪਾਣੀ ਵਿਚ ਡੱਡੂ ਵੱਸ ਰਹੇ ਹਨ ॥੧॥
14820	324	ਜਉ ਪੈ ਰਾਮ ਰਾਮ ਰਤਿ ਨਾਹੀ॥	(ਰਤਿ) ਪ੍ਰੀਤੀ, ਰੰਗੇ। (ਪਾਠੰਤ੍ਰ ਰਾਮ ਨਾਮ)	Jo Pai Raam Raam Rath Naahee ||	When people do not love the Lord's Name,	ਪਰ ਜੇਕਰ ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦੇ ਨਾਮ ਦਾ ਪਿਆਰ ਨਹੀਂ ਹੈ,
14821	324	ਤੇ ਸਭਿ ਧਰਮਰਾਇ ਕੈ ਜਾਹੀ॥੧॥ਰਹਾਉ॥		Thae Sabh Dhharam Raae Kai Jaahee ||1|| Rehaao ||	They must all go to the Righteous Judge of Dharma. ||1||Pause||	ਤਾਂ ਉਹ ਸਾਰੇ ਧਰਮਰਾਜ ਦੇ ਵੱਸ ਪੈਂਦੇ ਹਨ ॥੧॥ ਰਹਾਉ ॥
14822	324	ਕਾਇਆ ਰਤਿ ਬਹੁ ਰੂਪ ਰਚਾਹੀ॥		Kaaeiaa Rath Bahu Roop Rachaahee ||	Those who love their bodies and try different looks,	(ਕਈ ਮਨੁੱਖ) ਸਰੀਰ ਦੇ ਮੋਹ ਵਿਚ ਹੀ (ਭਾਵ, ਸਰੀਰ ਨੂੰ ਪਾਲਣ ਦੀ ਖ਼ਾਤਰ ਹੀ) ਕਈ ਭੇਖ ਬਣਾਉਂਦੇ ਹਨ;
14823	324	ਤਿਨ ਕਉ ਦਇਆ ਸੁਪਨੈ ਭੀ ਨਾਹੀ॥੨॥		Thin Ko Dhaeiaa Supanai Bhee Naahee ||2||	Do not feel compassion, even in dreams. ||2||	ਉਹਨਾਂ ਨੂੰ ਕਦੇ ਸੁਪਨੇ ਵਿਚ ਭੀ ਦਇਆ ਨਹੀਂ ਆਈ (ਉਹਨਾਂ ਦਾ ਹਿਰਦਾ ਕਦੇ ਭੀ ਨਹੀਂ ਦ੍ਰਵਿਆ) ॥੨॥
14824	324	ਚਾਰਿ ਚਰਨ ਕਹਹਿ ਬਹੁ ਆਗਰ॥	(ਚਾਰਿ ਚਰਨ) ਚਾਰ ਵੇਦ। (ਆੱਗਰ) ਸਿਆਣੇ	Chaar Charan Kehehi Bahu Aagar ||	The wise men call them four-footed creatures;	ਬਹੁਤੇ ਸਿਆਣੇ ਮਨੁੱਖ ਚਾਰ ਵੇਦ (ਆਦਿਕ ਧਰਮ-ਪੁਸਤਕਾਂ ਨੂੰ) ਹੀ (ਨਿਰੇ) ਪੜ੍ਹਦੇ ਹਨ (ਪਰ ਨਿਰਾ ਪੜ੍ਹਨ ਨਾਲ ਕੀਹ ਬਣੇ?)।

14825	324	ਸਾਧੂ ਸੁਖੁ ਪਾਵਹਿ ਕਲਿ ਸਾਗਰ॥੩॥	ਕਲਿ: ਪੋਲਾ ਬੋਲੋ	Saadhhoo Sukh Paavehi Kal Saagar ||3||	The Holy find peace in this ocean of pain. ||3||	ਇਸ ਸੰਸਾਰ-ਸਮੁੰਦਰ ਵਿਚ (ਸਿਰਫ਼) ਸੰਤ ਜਨ ਹੀ (ਅਸਲ) ਸੁਖ ਮਾਣਦੇ ਹਨ ॥੩॥
14826	324	ਕਹੁ ਕਬੀਰ ਬਹੁ ਕਾਇ ਕਰੀਜੈ॥		Kahu Kabeer Bahu Kaae Kareejai ||	Says Kabeer, why do you perform so many rituals?	ਕਬੀਰ ਆਖਦਾ ਹੈ- ਸਾਰੀਆਂ ਵਿਚਾਰਾਂ ਦਾ ਨਿਚੋੜ ਇਹ ਹੈ,
14827	324	ਸਰਬਸੁ ਛੋਡਿ ਮਹਾ ਰਸੁ ਪੀਜੈ॥੪॥੫॥	ਸਰਬਸੁ: ਪੋਲਾ ਬੋਲੋ ਮਿਲਵਾਂ। (ਪਾਠੰਤ੍ਰ ਸਰਬ ਰਸੁ)	Sarabas Shhodd Mehaa Ras Peejai ||4||5||	Renounce everything, and drink in the supreme essence of the Lord. ||4||5||	ਕਿ ਸਭ ਪਦਾਰਥਾਂ ਦਾ ਮੋਹ ਛੱਡ ਕੇ ਪਰਮਾਤਮਾ ਦੇ ਨਾਮ ਦਾ ਰਸ ਪੀਣਾ ਚਾਹੀਦਾ ਹੈ ॥੪॥੫॥
14828	324	ਕਬੀਰ ਜੀ ਗਉੜੀ॥	ਪੂਜਾ: ਪੋਲਾ ਬੋਲੋ	Kabeer Jee Gourree ||	Gauree, Kabeer Jee:	
14829	324	ਕਿਆ ਜਪੁ ਕਿਆ ਤਪੁ ਕਿਆ ਬ੍ਰਤ ਪੂਜਾ॥		Kiaa Jap Kiaa Thap Kiaa Brath Poojaa ||	What use is chanting, and what use is penance, fasting or devotional worship,	ਉਸ ਮਨੁੱਖ ਦਾ ਜਪ ਕਰਨਾ ਕਿਸ ਭਾ? ਉਸ ਦਾ ਤਪ ਕਿਸ ਅਰਥ? ਉਸ ਦੇ ਵਰਤ ਤੇ ਪੂਜਾ ਕਿਹੜੇ ਗੁਣ?
14830	324	ਜਾ ਕੈ ਰਿਦੈ ਭਾਉ ਹੈ ਦੂਜਾ॥੧॥		Jaa Kai Ridhai Bhaao Hai Dhoojaa ||1||	To one whose heart is filled with the love of duality? ||1||	ਜਿਸ ਦੇ ਹਿਰਦੇ ਵਿਚ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਦਾ ਪਿਆਰ ਹੈ ॥੧॥
14831	324	ਰੇ ਜਨ ਮਨੁ ਮਾਧਉ ਸਿਉ ਲਾਈਐ॥		Rae Jan Man Maadhho Sio Laaeeai ||	O humble people, link your mind to the Lord.	ਹੇ ਭਾਈ! ਮਨ ਨੂੰ ਪਰਮਾਤਮਾ ਨਾਲ ਜੋੜਨਾ ਚਾਹੀਦਾ ਹੈ।

14832	324	ਚਤੁਰਾਈ ਨ ਚਤੁਰਭੁਜੁ ਪਾਈਐ॥ਰਹਾਉ॥	(ਚਤੁਰ-ਭੁਜੁ) ਪ੍ਰਮਾਤਮਾ	Chathuraaee N Chathurabhuj Paaeeai || Rehaao ||	Through cleverness, the four-armed Lord is not obtained. ||Pause||	(ਸਿਮਰਨ ਛੱਡ ਕੇ ਹੋਰ) ਸਿਆਣਪਾਂ ਨਾਲ ਰੱਬ ਨਹੀਂ ਮਿਲ ਸਕਦਾ ਰਹਾਉ॥
14833	324	ਪਰਹਰੁ ਲੋਭੁ ਅਰੁ ਲੋਕਾਚਾਰੁ॥		Parehar Lobh Ar Lokaachaar ||	Set aside your greed and worldly ways.	(ਹੇ ਭਾਈ!) ਲਾਲਚ, ਵਿਖਾਵੇ ਦਾ ਤਿਆਗ ਕਰ ਦੇਹ।
14834	324	ਪਰਹਰੁ ਕਾਮੁ ਕ੍ਰੋਧੁ ਅਹੰਕਾਰੁ॥੨॥		Parehar Kaam Krodhh Ahankaar ||2||	Set aside sexual desire, anger and egotism. ||2||	ਕਾਮ, ਕ੍ਰੋਧ ਅਤੇ ਅਹੰਕਾਰ ਛੱਡ ਦੇਹ ॥੨॥
14835	324	ਕਰਮ ਕਰਤ ਬਧੇ ਅਹੰਮੇਵ॥	ਬਧੇ:ਪੋਲਾ ਬੋਲੋ। (ਬਧੇ) ਵਧਦਾ ਹੈ	Karam Karath Badhhae Ahanmaev ||	Ritual practices bind people in egotism;	ਮਨੁੱਖ ਧਾਰਮਿਕ ਰਸਮਾਂ ਕਰਦੇ ਕਰਦੇ ਹਉਮੈ ਵਿਚ ਬੱਝੇ ਪਏ ਹਨ,
14836	324	ਮਿਲਿ ਪਾਥਰ ਕੀ ਕਰਹੀ ਸੇਵ॥੩॥		Mil Paathhar Kee Karehee Saev ||3||	Meeting together, they worship stones. ||3||	ਅਤੇ ਰਲ ਕੇ ਪੱਥਰਾਂ ਦੀ (ਹੀ) ਪੂਜਾ ਕਰ ਰਹੇ ਹਨ (ਪਰ ਇਹ ਸਭ ਕੁਝ ਵਿਅਰਥ ਹੈ) ॥੩॥
14837	324	ਕਹੁ ਕਬੀਰ ਭਗਤਿ ਕਰਿ ਪਾਇਆ॥		Kahu Kabeer Bhagath Kar Paaeiaa ||	Says Kabeer, He is obtained only by devotional worship.	ਕਬੀਰ ਆਖਦਾ ਹੈ- ਪਰਮਾਤਮਾ ਬੰਦਗੀ ਕਰਨ ਨਾਲ (ਹੀ) ਮਿਲਦਾ ਹੈ,
14838	324	ਭੋਲੇ ਭਾਇ ਮਿਲੇ ਰਘੁਰਾਇਆ॥੪॥੬॥		Bholae Bhaae Milae Raghuraaeiaa ||4||6||	Through innocent love, the Lord is met. ||4||6||	ਭੋਲੇ ਸੁਭਾਉ ਨਾਲ ਮਿਲਦਾ ਹੈ ॥੪॥੬॥
14839	324	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	

14840	324	ਗਰਭ ਵਾਸ ਮਹਿ ਕੁਲੁ ਨਹੀ ਜਾਤੀ॥	ਕੁਲੁ: ਪੋਲਾ ਬੋਲੋ	Garabh Vaas Mehi Kul Nehee Jaathee ||	In the dwelling of the womb, there is no ancestry or social status.	ਮਾਂ ਦੇ ਪੇਟ ਵਿਚ ਤਾਂ ਕਿਸੇ ਨੂੰ ਇਹ ਸਮਝ ਨਹੀਂ ਹੁੰਦੀ ਕਿ ਮੈਂ ਕਿਸ ਕੁਲ ਦਾ ਹਾਂ।
14841	324	ਬ੍ਰਹਮ ਬਿੰਦੁ ਤੇ ਸਭ ਉਤਪਾਤੀ॥੧॥		Breham Bindh Thae Sabh Outhapaathee ||1||	All have originated from the Seed of God. ||1||	ਸਾਰੇ ਜੀਵਾਂ ਦੀ ਉਤਪੱਤੀ ਪਰਮਾਤਮਾ ਦੀ ਅੰਸ਼ ਤੋਂ (ਹੋ ਰਹੀ) ਹੈ (ਭਾਵ, ਸਭ ਦਾ ਮੂਲ ਕਾਰਨ ਪਰਮਾਤਮਾ ਆਪ ਹੈ) ॥੧॥
14842	324	ਕਹੁ ਰੇ ਪੰਡਿਤ ਬਾਮਨ ਕਬ ਕੇ ਹੋਏ॥	ਬਾਮ੍ਹਨ	Kahu Rae Panddith Baaman Kab Kae Hoeae ||	Tell me, O Pandit, O religious scholar: since when have you been a Brahmin?	ਦੱਸ, ਹੇ ਪੰਡਿਤ! ਤੁਸੀ ਬ੍ਰਾਹਮਣ ਕਦੋਂ ਦੇ ਬਣ ਗਏ ਹੋ?
14843	324	ਬਾਮਨ ਕਹਿ ਕਹਿ ਜਨਮੁ ਮਤ ਖੋਏ॥੧॥ਰਹਾਉ॥		Baaman Kehi Kehi Janam Math Khoeae ||1|| Rehaao ||	Don't waste your life by continually claiming to be a Brahmin. ||1||Pause||	ਇਹ ਆਖ ਆਖ ਕੇ ਕਿ ਮੈਂ ਬ੍ਰਾਹਮਣ ਹਾਂ, ਮੈਂ ਬ੍ਰਾਹਮਣ ਹਾਂ, ਮਨੁੱਖਾ ਜਨਮ (ਅਹੰਕਾਰ ਵਿਚ ਅਜਾਈਂ) ਨਾਹ ਗਵਾਓ ॥੧॥ ਰਹਾਉ ॥
14844	324	ਜੌ ਤੂੰ ਬ੍ਰਾਹਮਣੁ ਬ੍ਰਹਮਣੀ ਜਾਇਆ॥		Ja Thoon Braahaman Brehamanee Jaaeiaa ||	If you are indeed a Brahmin, born of a Brahmin mother,	ਜੇ (ਹੇ ਪੰਡਿਤ!) ਤੂੰ (ਸੱਚ-ਮੁੱਚ) ਬ੍ਰਾਹਮਣ ਹੈਂ ਤੇ ਬ੍ਰਾਹਮਣੀ ਦੇ ਪੇਟੋਂ ਜੰਮਿਆ ਹੈਂ,
14845	324	ਤਉ ਆਨ ਬਾਟ ਕਾਹੇ ਨਹੀ ਆਇਆ॥੨॥		Tho Aan Baatt Kaahae Nehee Aaeiaa ||2||	Then why didn't you come by some other way? ||2||	ਤਾਂ ਕਿਸੇ ਹੋਰ ਰਾਹੇ ਕਿਉਂ ਨਹੀਂ ਜੰਮ ਪਿਆ? ॥੨॥

14846	324	ਤੁਮ ਕਤ ਬ੍ਰਾਹਮਣ ਹਮ ਕਤ ਸੂਦ॥	ਕਤ: ਪੋਲਾ ਬੋਲੋ	Thum Kath Braahaman Ham Kath Soodh ||	How is it that you are a Brahmin, and I am of a low social status?	(ਹੇ ਪੰਡਿਤ!) ਤੁਸੀ ਕਿਵੇਂ ਬ੍ਰਾਹਮਣ (ਬਣ ਗਏ)? ਅਸੀਂ ਕਿਵੇਂ ਸ਼ੂਦਰ (ਰਹਿ ਗਏ)?
14847	324	ਹਮ ਕਤ ਲੋਹੂ ਤੁਮ ਕਤ ਦੂਧ॥੩॥	(ਲੋਹੂ) ਲਹੂ	Ham Kath Lohoo Thum Kath Dhoodhh ||3||	How is it that I am formed of blood, and you are made of milk? ||3||	ਅਸਾਡੇ ਸਰੀਰ ਵਿਚ ਕਿਵੇਂ (ਨਿਰਾ) ਲਹੂ ਹੀ ਹੈ? ਤੁਹਾਡੇ ਸਰੀਰ ਵਿਚ ਕਿਵੇਂ (ਲਹੂ ਦੀ ਥਾਂ) ਦੁੱਧ ਹੈ? ॥੩॥
14848	324	ਕਹੁ ਕਬੀਰ ਜੋ ਬ੍ਰਹਮੁ ਬੀਚਾਰੈ॥		Kahu Kabeer Jo Breham Beechaarai ||	Says Kabeer, one who contemplates God,	ਕਬੀਰ ਆਖਦਾ ਹੈ- ਜੋ ਪਰਮਾਤਮਾ (ਬ੍ਰਹਮ) ਨੂੰ ਸਿਮਰਦਾ ਹੈ,
14849	324	ਸੋ ਬ੍ਰਾਹਮਣੁ ਕਹੀਅਤੁ ਹੈ ਹਮਾਰੈ॥੪॥੭॥		So Braahaman Keheeath Hai Hamaarai ||4||7||	Is said to be a Brahmin among us. ||4||7||	ਅਸੀਂ ਤਾਂ ਉਸ ਮਨੁੱਖ ਨੂੰ ਬ੍ਰਾਹਮਣ ਸੱਦਦੇ ਹਾਂ ॥੪॥੭॥
14850	325	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
14851	325	ਅੰਧਕਾਰ ਸੁਖਿ ਕਬਹਿ ਨ ਸੋਈ ਹੈ॥		Andhhakaar Sukh Kabehi N Soee Hai ||	In the darkness, no one can sleep in peace.	(ਪਰਮਾਤਮਾ ਨੂੰ ਭੁਲਾ ਕੇ ਅਗਿਆਨਤਾ ਦੇ) ਹਨੇਰੇ ਵਿਚ ਕਦੇ ਸੁਖੀ ਨਹੀਂ ਸੌਂ ਸਕੀਦਾ;
14852	325	ਰਾਜਾ ਰੰਕੁ ਦੋਊ ਮਿਲਿ ਰੋਈ ਹੈ॥੧॥		Raajaa Rank Dhooo Mil Roee Hai ||1||	The king and the pauper both weep and cry. ||1||	ਰਾਜਾ ਹੋਵੇ ਚਾਹੇ ਕੰਗਾਲ, ਦੋਵੇਂ ਹੀ ਦੁਖੀ ਹੁੰਦੇ ਹਨ ॥੧॥
14853	325	ਜਉ ਪੈ ਰਸਨਾ ਰਾਮੁ ਨ ਕਹਿਬੋ॥		Jo Pai Rasanaa Raam N Kehibo ||	As long as the tongue does not chant the Lord's Name,	(ਹੇ ਭਾਈ!) ਜਦ ਤਕ ਜੀਭ ਨਾਲ ਪਰਮਾਤਮਾ ਨੂੰ ਨਹੀਂ ਜਪਦੇ,

14854	325	ਉਪਜਤ ਬਿਨਸਤ ਰੋਵਤ ਰਹਿਬੋ॥੧॥ਰਹਾਉ॥		Oupajath Binasath Rovath Rehibo ||1|| Rehaao ||	The person continues coming and going in reincarnation, crying out in pain. ||1||Pause||	ਤਦ ਤਕ ਜੰਮਦੇ ਮਰਦੇ ਤੇ (ਇਸੇ ਦੁੱਖ ਵਿਚ) ਰੋਂਦੇ ਰਹੋਗੇ ॥੧॥ ਰਹਾਉ ॥
14855	325	ਜਸ ਦੇਖੀਐ ਤਰਵਰ ਕੀ ਛਾਇਆ॥	(ਜਸ) ਜਿਵੇਂ। (ਤਰਵਰ) ਰੁੱਖ	Jas Dhaekheeai Tharavar Kee Shhaaeiaa ||	It is like the shadow of a tree;	ਜਿਵੇਂ ਰੁੱਖ ਦੀ ਛਾਂ ਵੇਖੀਦੀ ਹੈ (ਭਾਵ, ਜਿਵੇਂ ਰੁੱਖ ਦੀ ਛਾਂ ਸਦਾ ਟਿਕੀ ਨਹੀਂ ਰਹਿੰਦੀ, ਤਿਵੇਂ ਇਸ ਮਾਇਆ ਦਾ ਹਾਲ ਹੈ);
14856	325	ਪ੍ਰਾਨ ਗਏ ਕਹੁ ਕਾ ਕੀ ਮਾਇਆ॥੨॥	ਕਾ: ਕੰਨੇ ਬਿੰਦੀ ਨਹੀਂ ਲੌਣੀ, ਕਾਂ ਨਹੀ ਬੋਲਣਾ ਜੀ	Praan Geae Kahu Kaa Kee Maaeiaa ||2||	When the breath of life passes out of the mortal being, tell me, what becomes of his wealth? ||2||	ਜਦੋਂ ਮਨੁੱਖ ਦੇ ਪ੍ਰਾਣ ਨਿਕਲ ਜਾਂਦੇ ਹਨ ਤਾਂ ਦੱਸੋ, ਇਹ ਮਾਇਆ ਕਿਸ ਦੀ ਹੁੰਦੀ ਹੈ? (ਭਾਵ, ਕਿਸੇ ਹੋਰ ਦੀ ਬਣ ਜਾਂਦੀ ਹੈ, ਤਾਂ ਤੇ ਇਸ ਦਾ ਕੀਹ ਮਾਣ?) ॥੨॥
14857	325	ਜਸ ਜੰਤੀ ਮਹਿ ਜੀਉ ਸਮਾਨਾ॥	(ਜੰਤੀ) ਸਾਜ਼। (ਜੀਉ) ਜਿੰਦ ਰਾਗ	Jas Janthee Mehi Jeeo Samaanaa ||	It is like the music contained in the instrument;	ਜਿਵੇਂ (ਜਦੋਂ ਗਵਈਆ ਆਪਣਾ ਹੱਥ ਸਾਜ਼ ਤੋਂ ਹਟਾ ਲੈਂਦਾ ਹੈ, ਤਾਂ) ਰਾਗ ਦੀ ਅਵਾਜ਼ ਸਾਜ਼ ਦੇ ਵਿਚ (ਹੀ) ਲੀਨ ਹੋ ਜਾਂਦੀ ਹੈ (ਕੋਈ ਦੱਸ ਨਹੀਂ ਸਕਦਾ ਕਿ ਉਹ ਕਿਥੇ ਗਈ)
14858	325	ਮੂਏ ਮਰਮੁ ਕੋ ਕਾ ਕਰ ਜਾਨਾ॥੩॥	(ਮਰਮੁ) ਭੇਤ	Mooeae Maram Ko Kaa Kar Jaanaa ||3||	How can anyone know the secret of the dead? ||3||	ਤਿਵੇਂ ਮਰੇ ਮਨੁੱਖ ਦਾ ਭੇਤ (ਕਿ ਉਸ ਦੀ ਜਿੰਦ ਕਿਥੇ ਗਈ) ਕੋਈ ਮਨੁੱਖ ਕਿਵੇਂ ਜਾਣ ਸਕਦਾ ਹੈ? ॥੩॥

14859	325	ਹੰਸਾ ਸਰਵਰੁ ਕਾਲੁ ਸਰੀਰ॥	(ਕਾਲੁ) ਮੌਤ	Hansaa Saravar Kaal Sareer ||	Like the swan on the lake, death hovers over the body.	ਜਿਵੇਂ ਹੰਸਾਂ ਨੂੰ ਸਰੋਵਰ ਹੈ (ਭਾਵ, ਜਿਵੇਂ ਹੰਸ ਸਰੋਵਰ ਦੇ ਨੇੜੇ ਹੀ ਉੱਡਦੇ ਰਹਿੰਦੇ ਹਨ) ਤਿਵੇਂ ਮੌਤ ਸਰੀਰਾਂ (ਲਈ) ਹੈ।
14860	325	ਰਾਮ ਰਸਾਇਨ ਪੀਉ ਰੇ ਕਬੀਰ॥੪॥੮॥	(ਰਸਾਇਨ) ਰਸਾਂ ਦਾ ਘਰ	Raam Rasaaein Peeo Rae Kabeer ||4||8||	Drink in the Lord's sweet elixir, Kabeer. ||4||8||	ਤਾਂ ਤੇ ਹੇ ਕਬੀਰ! ਸਭ ਰਸਾਂ ਤੋਂ ਸ੍ਰੇਸ਼ਟ ਨਾਮ-ਰਸ ਪੀ ॥੪॥੮॥
14861	325	ਗਉੜੀ ਕਬੀਰ ਜੀ॥	(ਜੋਤਿ) ਵਾਹਿਗੁਰੂ ਜੀ। (ਜਾਤਿ) ਸ੍ਰਿਸ਼ਟੀ। (ਜੋਤੀ) ਬੁੱਧੀ	Gourree Kabeer Jee ||	Gauree, Kabeer Jee:	
14862	325	ਜੋਤਿ ਕੀ ਜਾਤਿ ਜਾਤਿ ਕੀ ਜੋਤੀ॥		Joth Kee Jaath Jaath Kee Jothee ||	The creation is born of the Light, and the Light is in the creation.	ਪਰਮਾਤਮਾ ਦੀ ਬਣਾਈ ਹੋਈ (ਸਾਰੀ) ਸ੍ਰਿਸ਼ਟੀ ਹੈ; ਇਸ ਸ੍ਰਿਸ਼ਟੀ ਦੇ (ਜੀਵਾਂ) ਦੀ (ਜੋ) ਬੁੱਧੀ (ਹੈ),
14863	325	ਤਿਤੁ ਲਾਗੇ ਕੰਚੂਆ ਫਲ ਮੋਤੀ॥੧॥	(ਕੰਚੂਆ) ਕੱਚ	Thith Laagae Kanchooaa Fal Mothee ||1||	It bears two fruits: the false glass and the true pearl. ||1||	(ਉਸ) ਨੂੰ ਕੱਚ ਤੇ ਮੋਤੀ ਫਲ ਲੱਗੇ ਹੋਏ ਹਨ (ਭਾਵ, ਕੋਈ ਭਲੇ ਪਾਸੇ ਲੱਗੇ ਹੋਏ ਹਨ, ਤੇ ਕੋਈ ਮੰਦੇ ਪਾਸੇ) ॥੧॥
14864	325	ਕਵਨੁ ਸੁ ਘਰੁ ਜੋ ਨਿਰਭਉ ਕਹੀਐ॥		Kavan S Ghar Jo Nirabho Keheeai ||	Where is that home, which is said to be free of fear?	ਉਹ ਕਿਹੜਾ ਥਾਂ ਹੈ ਜੋ ਡਰ ਤੋਂ ਖ਼ਾਲੀ ਹੈ?
14865	325	ਭਉ ਭਜਿ ਜਾਇ ਅਭੈ ਹੋਇ ਰਹੀਐ॥੧॥ਰਹਾਉ॥	ਭੱਜਿ। ਅ-ਭੈ: ਪੋਲਾ ਬੋਲੋ	Bho Bhaj Jaae Abhai Hoe Reheeai ||1|| Rehaao ||	There, fear is dispelled and one lives without fear. ||1||Pause||	(ਜਿਥੇ ਰਿਹਾਂ ਹਿਰਦੇ ਦਾ) ਡਰ ਦੂਰ ਹੋ ਸਕਦਾ ਹੈ, ਜਿਥੇ ਨਿਡਰ ਹੋ ਕੇ ਰਹਿ ਸਕੀਦਾ ਹੈ? ॥੧॥ ਰਹਾਉ ॥

14866	325	ਤਟਿ ਤੀਰਥਿ ਨਹੀ ਮਨੁ ਪਤੀਆਇ॥	(ਤਟਿ) ਕਿਨਾਰੇ। ਪਤੀ-ਆਇ	Thatt Theerathh Nehee Man Patheeaae ||	On the banks of sacred rivers, the mind is not appeased.	ਕਿਸੇ (ਪਵਿਤ੍ਰ ਨਦੀ ਦੇ) ਕੰਢੇ ਜਾਂ ਤੀਰਥ ਤੇ (ਜਾ ਕੇ ਭੀ) ਮਨ ਥਾਵੇਂ ਨਹੀਂ ਆਉਂਦਾ,
14867	325	ਚਾਰ ਅਚਾਰ ਰਹੇ ਉਰਝਾਇ॥੨॥		Chaar Achaar Rehae Ourajhaae ||2||	People remain entangled in good and bad deeds. ||2||	ਓਥੇ ਭੀ ਲੋਕ ਪੁੰਨ-ਪਾਪ ਵਿਚ ਰੁੱਝੇ ਪਏ ਹਨ ॥੨॥
14868	325	ਪਾਪ ਪੁੰਨ ਦੁਇ ਏਕ ਸਮਾਨ॥		Paap Punn Dhue Eaek Samaan ||	Sin and virtue are both the same.	(ਪਰ) ਪਾਪ ਅਤੇ ਪੁੰਨ ਦੋਵੇਂ ਹੀ ਇਕੋ ਜਿਹੇ ਹਨ (ਭਾਵ, ਦੋਵੇਂ ਹੀ ਵਾਸ਼ਨਾ ਵਲ ਦੁੜਾਈ ਫਿਰਦੇ ਹਨ।)
14869	325	ਨਿਜ ਘਰਿ ਪਾਰਸੁ ਤਜਹੁ ਗੁਨ ਆਨ॥੩॥		Nij Ghar Paaras Thajahu Gun Aan ||3||	In the home of your own being, is the Philosopher's Stone; renounce your search for any other virtue. ||3||	(ਹੇ ਮਨ! ਨੀਚੋਂ ਊਚ ਕਰਨ ਵਾਲਾ) ਪਾਰਸ (ਪ੍ਰਭੂ) ਤੇਰੇ ਆਪਣੇ ਅੰਦਰ ਹੀ ਹੈ, (ਤਾਂ ਤੇ, ਪਾਪ ਪੁੰਨ ਵਾਲੇ) ਹੋਰ ਗੁਣ (ਅੰਦਰ ਧਾਰਨੇ) ਛੱਡ ਦੇਹ (ਅਤੇ ਪ੍ਰਭੂ ਨੂੰ ਆਪਣੇ ਅੰਦਰ ਸੰਭਾਲ) ॥੩॥
14870	325	ਕਬੀਰ ਨਿਰਗੁਣ ਨਾਮ ਨ ਰੋਸੁ॥		Kabeer Niragun Naam N Ros ||	Kabeer: O worthless mortal, do not lose the Naam, the Name of the Lord.	ਹੇ ਕਬੀਰ! ਮਾਇਆ ਦੇ ਮੋਹ ਤੋਂ ਉੱਚੇ ਪ੍ਰਭੂ ਦੇ ਨਾਮ ਨੂੰ ਨਾਹ ਭੁਲਾ;
14871	325	ਇਸੁ ਪਰਚਾਇ ਪਰਚਿ ਰਹੁ ਏਸੁ॥੪॥੯॥	(ਏਸੁ) ਵਾਹਿਗੁਰੂ ਜੀ	Eis Parachaae Parach Rahu Eaes ||4||9||	Keep this mind of yours involved in this involvement. ||4||9||	ਆਪਣੇ ਮਨ ਨੂੰ ਨਾਮ ਜਪਣ ਦੇ ਆਹਰੇ ਲਾ ਕੇ ਨਾਮ ਵਿਚ ਰੁੱਝਿਆ ਰਹੁ ॥੪॥੯॥

14872	325	ਗਉੜੀ ਕਬੀਰ ਜੀ॥	(ਮਿਤਿ)ਮਰਯਾਦਾ ਤੋਂ। (ਪਰ)ਪਰੇ। (ਮਨੁ) ਮਨ ਤੋਂ ਪਰੇ	Gourree Kabeer Jee ||	Gauree, Kabeer Jee:	
14873	325	ਜੋ ਜਨ ਪਰ ਮਿਤਿ ਪਰ ਮਨੁ ਜਾਨਾ॥		Jo Jan Paramith Paraman Jaanaa ||	He claims to know the Lord, who is beyond measure and beyond thought;	ਜੋ ਮਨੁੱਖ (ਨਿਰਾ ਆਖਦੇ ਹੀ ਹਨ ਕਿ) ਅਸਾਂ ਉਸ ਪ੍ਰਭੂ ਨੂੰ ਜਾਣ ਲਿਆ ਹੈ, ਜਿਸ ਦਾ ਹੱਦ-ਬੰਨਾ ਨਹੀਂ ਲੱਭਿਆ ਜਾ ਸਕਦਾ ਤੇ ਜੋ ਮਨ ਦੀ ਪਹੁੰਚ ਤੋਂ ਪਰੇ ਹੈ,
14874	325	ਬਾਤਨ ਹੀ ਬੈਕੁੰਠ ਸਮਾਨਾ॥੧॥	(ਸਮਾਨਾ) ਸਮਾਏ। (ਦੂਜਾ ਪਾਠ: ਬਾਤ ਨਹੀ, ਤੀਜਾ ਪਾਠ. ਬਾ ਤਨ ਹੀ)	Baathan Hee Baikunth Samaanaa ||1||	By mere words, he plans to enter heaven. ||1||	ਉਹ ਮਨੁੱਖ ਨਿਰੀਆਂ ਗੱਲਾਂ ਨਾਲ ਹੀ ਬੈਕੁੰਠ ਵਿਚ ਅੱਪੜੇ ਹਨ (ਭਾਵ, ਉਹ ਗੱਪਾਂ ਹੀ ਮਾਰ ਰਹੇ ਹਨ, ਉਹਨਾਂ ਬੈਕੁੰਠ ਅਸਲ ਵਿਚ ਡਿੱਠਾ ਨਹੀਂ ਹੈ) ॥੧॥
14875	325	ਨਾ ਜਾਨਾ ਬੈਕੁੰਠ ਕਹਾ ਹੀ॥	ਕਹਾਂ	Naa Jaanaa Baikunth Kehaa Hee ||	I do not know where heaven is.	ਮੈਨੂੰ ਤਾਂ ਪਤਾ ਨਹੀਂ, ਉਹ ਬੈਕੁੰਠ ਕਿੱਥੇ ਹੈ,
14876	325	ਜਾਨੁ ਜਾਨੁ ਸਭਿ ਕਹਹਿ ਤਹਾ ਹੀ॥੧॥ਰਹਾਉ॥	(ਜਾਨੁ) ਜਾਣਾ	Jaan Jaan Sabh Kehehi Thehaa Hee ||1|| Rehaao ||	Everyone claims that he plans to go there. ||1||Pause||	ਜਿੱਥੇ ਇਹ ਸਾਰੇ ਲੋਕ ਆਖਦੇ ਹਨ, ਚੱਲਣਾ ਹੈ, ਚੱਲਣਾ ਹੈ ॥੧॥ ਰਹਾਉ ॥
14877	325	ਕਹਨ ਕਹਾਵਨ ਨਹ ਪਤੀਅਈ ਹੈ॥	(ਪਤੀ-ਅਈ) ਪਤੀਜਦਾ ਮੰਨਦਾ ਨਹੀਂ	Kehan Kehaavan Neh Patheeaee Hai ||	By mere talk, the mind is not appeased.	ਨਿਰਾ ਇਹ ਆਖਣ ਨਾਲ ਤੇ ਸੁਣਨ ਨਾਲ (ਕਿ ਅਸਾਂ ਬੈਕੁੰਠ ਵਿਚ ਜਾਣਾ ਹੈ) ਮਨ ਨੂੰ ਤਸੱਲੀ ਨਹੀਂ ਹੋ ਸਕਦੀ।

14878	325	ਤਉ ਮਨੁ ਮਾਨੈ ਜਾ ਤੇ ਹਉਮੈ ਜਈ ਹੈ॥੨॥		Tho Man Maanai Jaa Thae Houmai Jee Hai ||2||	The mind is only appeased, when egotism is conquered. ||2||	ਮਨ ਨੂੰ ਤਦੋਂ ਹੀ ਧੀਰਜ ਆ ਸਕਦੀ ਹੈ ਜੇ ਅਹੰਕਾਰ ਦੂਰ ਹੋ ਜਾਏ ॥੨॥
14879	325	ਜਬ ਲਗੁ ਮਨਿ ਬੈਕੁੰਠ ਕੀ ਆਸ॥	ਲੱਗੁ	Jab Lag Man Baikunth Kee Aas ||	As long as the mind is filled with the desire for heaven,	(ਇੱਕ ਗੱਲ ਹੋਰ ਚੇਤੇ ਰੱਖਣ ਵਾਲੀ ਹੈ ਕਿ) ਜਦ ਤਕ ਮਨ ਵਿਚ ਬੈਕੁੰਠ ਜਾਣ ਦੀ ਤਾਂਘ ਲੱਗੀ ਹੋਈ ਹੈ,
14880	325	ਤਬ ਲਗੁ ਹੋਇ ਨਹੀ ਚਰਨ ਨਿਵਾਸੁ॥੩॥		Thab Lag Hoe Nehee Charan Nivaas ||3||	He does not dwell at the Lord's Feet. ||3||	ਤਦ ਤਕ ਪ੍ਰਭੂ ਦੇ ਚਰਨਾਂ ਵਿਚ ਮਨ ਜੁੜ ਨਹੀਂ ਸਕਦਾ ॥੩॥
14881	325	ਕਹੁ ਕਬੀਰ ਇਹ ਕਹੀਐ ਕਾਹਿ॥		Kahu Kabeer Eih Keheeai Kaahi ||	Says Kabeer, unto whom should I tell this?	ਕਬੀਰ ਆਖਦਾ ਹੈ- ਇਹ ਗੱਲ ਕਿਵੇਂ ਸਮਝਾ ਕੇ ਦੱਸੀਏ,
14882	325	ਸਾਧਸੰਗਤਿ ਬੈਕੁੰਠੈ ਆਹਿ॥੪॥੧੦॥		Saadhhasangath Baikunthai Aahi ||4||10||	The Saadh Sangat, the Company of the Holy, is heaven. ||4||10||	(ਭਾਵ, ਇਹ ਗੱਲ ਪਰਤੱਖ ਹੀ ਹੈ) ਕਿ ਸਾਧ-ਸੰਗਤ ਹੀ (ਅਸਲੀ) ਬੈਕੁੰਠ ਹੈ ॥੪॥੧੦॥
14883	325	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
14884	325	ਉਪਜੈ ਨਿਪਜੈ ਨਿਪਜਿ ਸਮਾਈ॥	(ਨਿਪਜੈ) ਪੈਦਾ ਹੁੰਦਾ। ਨਿਪ-ਜਿ: ਪੋਲਾ ਬੋਲੋ	Oupajai Nipajai Nipaj Samaaee ||	We are born, and we grow, and having grown, we pass away.	(ਪਹਿਲਾਂ ਇਸ ਜੀਵ ਦਾ ਪਿਤਾ ਦੀ ਬਿੰਦ ਤੋਂ) ਮੁੱਢ ਬੱਝਦਾ ਹੈ, (ਫਿਰ ਮਾਂ ਦੇ ਪੇਟ ਵਿਚ ਇਹ) ਵਜੂਦ ਵਿਚ ਆਉਂਦਾ ਹੈ; ਵਜੂਦ ਵਿਚ ਆ ਕੇ (ਮੁੜ) ਨਾਸ ਹੋ ਜਾਂਦਾ ਹੈ।

14885	325	ਨੈਨਹ ਦੇਖਤ ਇਹੁ ਜਗੁ ਜਾਈ॥੧॥	ਜੱਗੁ	Naineh Dhaekhath Eihu Jag Jaaee ||1||	Before our very eyes, this world is passing away. ||1||	(ਸੋ) ਅਸਾਡੇ ਅਖੀਂ ਵੇਖਦਿਆਂ ਹੀ ਇਹ ਸੰਸਾਰ (ਇਸੇ ਤਰ੍ਹਾਂ) ਤੁਰਿਆ ਜਾ ਰਿਹਾ ਹੈ ॥੧॥
14886	325	ਲਾਜ ਨ ਮਰਹੁ ਕਹਹੁ ਘਰੁ ਮੇਰਾ॥	(ਲਾਜ) ਸ਼ਰਮ। (ਘਰੁ) ਸ੍ਰੀਰ, ਘਰ ਬਾਰ। ਕਹ-ਹੁ	Laaj N Marahu Kehahu Ghar Maeraa ||	How can you not die of shame, claiming, ""This world is mine""?	(ਤਾਂ ਤੇ, ਹੇ ਜੀਵ!) ਸ਼ਰਮ ਨਾਲ ਕਿਉਂ ਨਹੀਂ ਡੁੱਬ ਮਰਦਾ (ਭਾਵ, ਤੂੰ ਝੱਕਦਾ ਕਿਉਂ ਨਹੀਂ) ਜਦੋਂ ਤੂੰ ਇਹ ਆਖਦਾ ਹੈਂ ਕਿ ਇਹ ਘਰ ਮੇਰਾ ਹੈ?
14887	325	ਅੰਤ ਕੀ ਬਾਰ ਨਹੀ ਕਛੁ ਤੇਰਾ॥੧॥ਰਹਾਉ॥		Anth Kee Baar Nehee Kashh Thaeraa ||1|| Rehaao ||	At the very last moment, nothing is yours. ||1||Pause||	(ਚੇਤੇ ਰੱਖ) ਜਿਸ ਵੇਲੇ ਮੌਤ ਆਵੇਗੀ, ਤਦੋਂ ਕੋਈ ਭੀ ਚੀਜ਼ ਤੇਰੀ ਨਹੀਂ ਰਹੇਗੀ ॥੧॥ ਰਹਾਉ ॥
14888	325	ਅਨਿਕ ਜਤਨ ਕਰਿ ਕਾਇਆ ਪਾਲੀ॥		Anik Jathan Kar Kaaeiaa Paalee ||	Trying various methods, you cherish your body,	ਅਨੇਕਾਂ ਜਤਨ ਕਰ ਕੇ ਇਹ ਸਰੀਰ ਪਾਲੀਦਾ ਹੈ;
14889	325	ਮਰਤੀ ਬਾਰ ਅਗਨਿ ਸੰਗਿ ਜਾਲੀ॥੨॥		Marathee Baar Agan Sang Jaalee ||2||	But at the time of death, it is burned in the fire. ||2||	ਪਰ ਜਦੋਂ ਮੌਤ ਆਉਂਦੀ ਹੈ, ਇਸ ਨੂੰ ਅੱਗ ਨਾਲ ਸਾੜ ਦੇਈਦਾ ਹੈ ॥੨॥
14890	325	ਚੋਆ ਚੰਦਨੁ ਮਰਦਨ ਅੰਗਾ॥	(ਚੋਆ) ਅਤਰ। (ਮਰਦਨ) ਮਲ਼ਦਾ	Choaa Chandhan Maradhan Angaa ||	You apply sandalwood oil to your limbs,	(ਜਿਸ ਸਰੀਰ ਦੇ) ਅੰਗਾਂ ਨੂੰ ਅਤਰ ਤੇ ਚੰਦਨ ਮਲੀਦਾ ਹੈ,
14891	325	ਸੋ ਤਨੁ ਜਲੈ ਕਾਠ ਕੈ ਸੰਗਾ॥੩॥	(ਕਾਠ) ਲੱਕੜਾਂ	So Than Jalai Kaath Kai Sangaa ||3||	But that body is burned with the firewood. ||3||	ਉਹ ਸਰੀਰ (ਆਖ਼ਰ ਨੂੰ) ਲੱਕੜਾਂ ਨਾਲ ਸੜ ਜਾਂਦਾ ਹੈ ॥੩॥

14892	325	ਕਹੁ ਕਬੀਰ ਸੁਨਹੁ ਰੇ ਗੁਨੀਆ॥		Kahu Kabeer Sunahu Rae Guneeaa ||	Says Kabeer, listen, O virtuous people:	ਕਬੀਰ ਆਖਦਾ ਹੈ- ਹੇ ਵਿਚਾਰਨ ਮਨੁੱਖ! ਚੇਤੇ ਰੱਖ;
14893	325	ਬਿਨਸੈਗੋ ਰੂਪੁ ਦੇਖੈ ਸਭ ਦੁਨੀਆ॥੪॥੧੧॥	ਬਿਨਸੈ-ਗੋ	Binasaigo Roop Dhaekhai Sabh Dhuneeaa ||4||11||	Your beauty shall vanish, as the whole world watches. ||4||11||	ਸਾਰੀ ਦੁਨੀਆ ਵੇਖੇਗੀ (ਭਾਵ, ਸਭ ਦੇ ਵੇਖਦਿਆਂ ਵੇਖਦਿਆਂ) ਇਹ ਰੂਪ ਨਾਸ ਹੋ ਜਾਇਗਾ ॥੪॥੧੧॥
14894	325	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
14895	325	ਅਵਰ ਮੂਏ ਕਿਆ ਸੋਗੁ ਕਰੀਜੈ॥		Avar Mooeae Kiaa Sog Kareejai ||	Why do you cry and mourn, when another person dies?	ਹੋਰਨਾਂ ਦੇ ਮਰਨ ਤੇ ਸੋਗ ਕਰਨ ਦਾ ਕੀਹ ਲਾਭ?
14896	325	ਤਉ ਕੀਜੈ ਜਉ ਆਪ ਨ ਜੀਜੈ॥੧॥	ਜੀਜੈ। (ਦੂਜਾ ਪਾਠ: ਆਪਨ ਜੀਜੈ)	Tho Keejai Jo Aapan Jeejai ||1||	Do so only if you yourself are to live. ||1||	(ਉਹਨਾਂ ਦੇ ਵਿਛੋੜੇ ਦਾ) ਸੋਗ ਤਾਂ ਹੀ ਕਰੀਏ ਜੇ ਆਪ (ਇਥੇ ਸਦਾ) ਜੀਊਂਦੇ ਰਹਿਣਾ ਹੋਵੇ ॥੧॥
14897	325	ਮੈ ਨ ਮਰਉ ਮਰਿਬੋ ਸੰਸਾਰਾ॥		Mai N Maro Maribo Sansaaraa ||	I shall not die as the rest of the world dies,	ਮੇਰੇ ਆਤਮਾ ਦੀ ਕਦੇ ਮੌਤ ਨਹੀਂ ਹੋਵੇਗੀ। ਮੁਰਦਾ ਹਨ ਉਹ ਜੀਵ ਜੋ ਜਗਤ ਦੇ ਧੰਧਿਆਂ ਵਿਚ ਫਸੇ ਹੋਏ ਹਨ।
14898	325	ਅਬ ਮੋਹਿ ਮਿਲਿਓ ਹੈ ਜੀਆਵਨਹਾਰਾ॥੧॥ ਰਹਾਉ॥	ਜੀਆਵਨ-ਹਾਰਾ	Ab Mohi Miliou Hai Jeeaavanehaaraa ||1|| Rehaao ||	For now I have met the life-giving Lord. ||1||Pause||	ਮੈਨੂੰ (ਤਾਂ) ਹੁਣ (ਅਸਲ) ਜ਼ਿੰਦਗੀ ਦੇਣ ਵਾਲਾ ਪਰਮਾਤਮਾ ਮਿਲ ਪਿਆ ਹੈ ॥੧॥ ਰਹਾਉ ॥

14899	325	ਇਆ ਦੇਹੀ ਪਰਮਲ ਮਹਕੰਦਾ॥	(ਪਰਮਲ) ਖੁਸ਼ਬੋ। (ਮਹਕੰਦਾ) ਮਹਿਕਾਉਂਦਾ	Eiaa Dhaehee Paramal Mehakandhaa ||	People anoint their bodies with fragrant oils,	(ਜੀਵ) ਇਸ ਸਰੀਰ ਤੇ ਕਈ ਸੁਗੰਧੀਆਂ ਮਹਿਕਾਉਂਦਾ ਹੈ;
14900	325	ਤਾ ਸੁਖ ਬਿਸਰੇ ਪਰਮਾਨੰਦਾ॥੨॥		Thaa Sukh Bisarae Paramaanandhaa ||2||	And in that pleasure, they forget the supreme bliss. ||2||	ਇਹਨਾਂ ਹੀ ਸੁਖਾਂ ਵਿਚ ਇਸ ਨੂੰ ਪਰਮ ਅਨੰਦ-ਸਰੂਪ ਪਰਮਾਤਮਾ ਭੁੱਲ ਜਾਂਦਾ ਹੈ ॥੨॥
14901	325	ਕੂਅਟਾ ਏਕੁ ਪੰਚ ਪਨਿਹਾਰੀ॥	(:ਪੋਲਾ ਬੋਲੋ ਕੂਅਟਾ) ਖੂਹ। ਪਨਿ-ਹਾਰੀ	Kooattaa Eaek Panch Panihaaree ||	There is one well, and five water-carriers.	(ਸਰੀਰ ਮਾਨੋ) ਇਕ ਨਿੱਕਾ ਜਿਹਾ ਖੂਹ ਹੈ, (ਪੰਜ ਗਿਆਨ-ਇੰਦਰੇ, ਮਾਨੋ) ਪੰਜ ਚਰੱਖੜੀਆਂ ਹਨ,
14902	325	ਟੂਟੀ ਲਾਜੁ ਭਰੈ ਮਤਿ ਹਾਰੀ॥੩॥		Ttoottee Laaj Bharai Math Haaree ||3||	Even though the rope is broken, the fools continue trying to draw water. ||3||	ਮਾਰੀ ਹੋਈ ਮੱਤ ਲੱਜ ਤੋਂ ਬਿਨਾ (ਪਾਣੀ) ਭਰ ਰਹੀ ਹੈ (ਭਾਵ, ਵਿਕਾਰਾਂ ਵਿਚ ਫਸੀ ਹੋਈ ਮੱਤ ਗਿਆਨ-ਇੰਦ੍ਰਿਆਂ ਦੀ ਰਾਹੀਂ ਵਿਕਾਰਾਂ ਵਿਚੋਂ ਸੁਖ ਲੈਣ ਦੇ ਵਿਅਰਥ ਜਤਨ ਕਰ ਰਹੀ ਹੈ) ॥੩॥
14903	325	ਕਹੁ ਕਬੀਰ ਇਕ ਬੁਧਿ ਬੀਚਾਰੀ॥		Kahu Kabeer Eik Budhh Beechaaree ||	Says Kabeer, through contemplation, I have obtained this one understanding.	ਕਬੀਰ ਆਖਦਾ ਹੈ- (ਜਦੋਂ) ਵਿਚਾਰ ਵਾਲੀ ਬੁੱਧ ਅੰਦਰ (ਜਾਗ ਪਈ),
14904	325	ਨਾ ਓਹੁ ਕੂਅਟਾ ਨਾ ਪਨਿਹਾਰੀ॥੪॥੧੨॥		Naa Ouhu Kooattaa Naa Panihaaree ||4||12||	There is no well, and no water-carrier. ||4||12||	ਤਦੋਂ ਨਾਹ ਉਹ ਸਰੀਰਕ ਮੋਹ ਰਿਹਾ ਤੇ ਨਾਹ ਹੀ (ਵਿਕਾਰਾਂ ਵਲ ਖਿੱਚਣ ਵਾਲੇ) ਉਹ ਇੰਦਰੇ ਰਹੇ ॥੪॥੧੨॥

14905	325	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
14906	325	ਅਸਥਾਵਰ ਜੰਗਮ ਕੀਟ ਪਤੰਗਾ॥	(ਅਸਥਾਵਰ) ਇੱਕ ਥਾਂ ਸਥਿੱਤ ਪਹਾੜ ਰੁੱਖ ਆਦਿ। (ਜੰਗਮ) ਤੁਰਨ ਵਾਲੇ ਪਸੂ ਪੰਛੀ। (ਕੀਟ) ਕੀੜੇ। (ਪਤੰਗਾ) ਖੰਭਾਂ ਵਾਲੇ ਕੀੜੇ	Asathhaavar Jangam Keett Pathangaa ||	The mobile and immobile creatures, insects and moths	ਅਸੀਂ (ਹੁਣ ਤਕ) ਅਸਥਾਵਰ, ਜੰਗਮ ਕੀੜੇ-ਪਤੰਗੇ
14907	325	ਅਨਿਕ ਜਨਮ ਕੀਏ ਬਹੁ ਰੰਗਾ॥੧॥		Anik Janam Keeeae Bahu Rangaa ||1||	- in numerous lifetimes, I have passed through those many forms. ||1||	ਇਹੋ ਜਿਹੇ ਕਈ ਕਿਸਮਾਂ ਦੇ ਜਨਮਾਂ ਵਿਚ ਆ ਚੁਕੇ ਹਾਂ ॥੧॥
14908	326	ਐਸੇ ਘਰ ਹਮ ਬਹੁਤੁ ਬਸਾਏ॥		Aisae Ghar Ham Bahuth Basaaeae ||	I lived in many such homes, O Lord,	ਹੇ ਰਾਮ! ਅਸੀਂ ਇਹੋ ਜਿਹੇ ਕਈ ਸਰੀਰਾਂ ਵਿਚੋਂ ਦੀ ਲੰਘ ਕੇ ਆਏ ਹਾਂ,
14909	326	ਜਬ ਹਮ ਰਾਮ ਗਰਭ ਹੋਇ ਆਏ॥੧॥ਰਹਾਉ॥		Jab Ham Raam Garabh Hoe Aaeae ||1|| Rehaao ||	Before I came into the womb this time. ||1||Pause||	ਜਦੋਂ ਅਸੀਂ ਜੂਨਾਂ ਵਿਚ ਪੈਂਦੇ ਗਏ ॥੧॥ ਰਹਾਉ ॥
14910	326	ਜੋਗੀ ਜਤੀ ਤਪੀ ਬ੍ਰਹਮਚਾਰੀ॥		Jogee Jathee Thapee Brehamachaaree ||	I was a Yogi, a celibate, a penitent, and a Brahmchaaree, with strict self-discipline.	ਕਦੇ ਅਸੀਂ ਜੋਗੀ ਬਣੇ, ਕਦੇ ਜਤੀ, ਕਦੇ ਤਪੀ, ਕਦੇ ਬ੍ਰਹਮਚਾਰੀ;

14911	326	ਕਬਹੂ ਰਾਜਾ ਛਤ੍ਰਪਤਿ ਕਬਹੂ ਭੇਖਾਰੀ॥੨॥		Kabehoo Raajaa Shhathrapath Kabehoo Bhaekhaaree ||2||	Sometimes I was a king, sitting on the throne, and sometimes I was a beggar. ||2||	ਕਦੇ ਛਤ੍ਰਪਤੀ ਰਾਜੇ ਬਣੇ ਕਦੇ ਮੰਗਤੇ ॥੨॥
14912	326	ਸਾਕਤ ਮਰਹਿ ਸੰਤ ਸਭਿ ਜੀਵਹਿ॥	ਮਰ-ਹਿ। ਜੀਵ-ਹਿ	Saakath Marehi Santh Sabh Jeevehi ||	The faithless cynics shall die, while the Saints shall all survive.	ਜੋ ਮਨੁੱਖ ਰੱਬ ਨਾਲੋਂ ਟੁੱਟੇ ਰਹਿੰਦੇ ਹਨ ਉਹ ਸਦਾ (ਇਸੇ ਤਰ੍ਹਾਂ) ਕਈ ਜੂਨਾਂ ਵਿਚ ਪੈਂਦੇ ਰਹਿੰਦੇ ਹਨ,
14913	326	ਰਾਮ ਰਸਾਇਨੁ ਰਸਨਾ ਪੀਵਹਿ॥੩॥	ਪੀਵ-ਹਿ	Raam Rasaaein Rasanaa Peevehi ||3||	They drink in the Lord's Ambrosial Essence with their tongues. ||3||	ਪਰ ਸੰਤ ਜਨ ਸਦਾ ਜੀਉਂਦੇ ਹਨ (ਭਾਵ, ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦੇ, ਕਿਉਂਕਿ) ਉਹ ਜੀਭ ਨਾਲ ਪ੍ਰਭੂ ਦੇ ਨਾਮ ਦਾ ਸ੍ਰੇਸ਼ਟ ਰਸ ਪੀਂਦੇ ਰਹਿੰਦੇ ਹਨ ॥੩॥
14914	326	ਕਹੁ ਕਬੀਰ ਪ੍ਰਭ ਕਿਰਪਾ ਕੀਜੈ॥		Kahu Kabeer Prabh Kirapaa Keejai ||	Says Kabeer, O God, have mercy on me.	(ਸੋ)ਕਬੀਰ ਆਖਦਾ ਹੈ- ਹੇ ਪ੍ਰਭੂ! ਮਿਹਰ ਕਰ ਤੇ ਹੁਣ ਆਪਣਾ ਗਿਆਨ ਬਖ਼ਸ਼।
14915	326	ਹਾਰਿ ਪਰੇ ਅਬ ਪੂਰਾ ਦੀਜੈ॥੪॥੧੩॥		Haar Parae Ab Pooraa Dheejai ||4||13||	I am so tired; now, please bless me with Your perfection. ||4||13||	ਅਸੀਂ ਥੱਕ-ਟੁੱਟ ਕੇ (ਤੇਰੇ ਦਰ ਤੇ) ਆ ਡਿੱਗੇ ਹਾਂ ॥੪॥੧੩॥
14916	326	ਗਉੜੀ ਕਬੀਰ ਜੀ ਕੀ ਨਾਲਿ ਰਲਾਇ ਲਿਖਿਆ ਮਹਲਾ ੫॥		Gourree Kabeer Jee Kee Naal Ralaae Likhiaa Mehalaa 5 ||	Gauree, Kabeer Jee, With Writings Of The Fifth Mehl:	

14917	326	ਐਸੋ ਅਚਰਜੁ ਦੇਖਿਓ ਕਬੀਰ॥	ਅ-ਚਰਜੁ	Aiso Acharaj Dhaekhiou Kabeer ||	Kabeer has seen such wonders!	ਹੇ ਕਬੀਰ! ਮੈਂ ਇਕ ਅਜੀਬ ਤਮਾਸ਼ਾ ਵੇਖਿਆ ਹੈ,
14918	326	ਦਧਿ ਕੈ ਭੋਲੈ ਬਿਰੋਲੈ ਨੀਰੁ॥੧॥ਰਹਾਉ॥	(ਦਧਿ)ਦਹੀਂ। (ਨੀਰੁ)ਪਾਣੀ	Dhadhh Kai Bholai Birolai Neer ||1|| Rehaao ||	Mistaking it for cream, the people are churning water. ||1||Pause||	ਕਿ (ਜੀਵ) ਦਹੀਂ ਦੇ ਭੁਲੇਖੇ ਪਾਣੀ ਰਿੜਕ ਰਿਹਾ ਹੈ ॥੧॥ ਰਹਾਉ ॥
14919	326	ਹਰੀ ਅੰਗੂਰੀ ਗਦਹਾ ਚਰੈ॥		Haree Angooree Gadhehaa Charai ||	The donkey grazes upon the green grass;	ਮੂਰਖ ਜੀਵ ਮਨ-ਭਾਉਂਦੇ ਵਿਕਾਰ ਮਾਣਦਾ ਹੈ,
14920	326	ਨਿਤ ਉਠਿ ਹਾਸੈ ਹੀਗੈ ਮਰੈ॥੧॥	ਹੰਕਾਰ ਚ ਹੀਂਗੈ	Nith Outh Haasai Heegai Marai ||1||	Arising each day, he laughs and brays, and then dies. ||1||	ਇਸੇ ਤਰ੍ਹਾਂ ਸਦਾ ਹੱਸਦਾ ਤੇ (ਖੋਤੇ ਵਾਂਗ) ਹੀਂਗਦਾ ਰਹਿੰਦਾ ਹੈ (ਆਖ਼ਰ) ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ ॥੧॥
14921	326	ਮਾਤਾ ਭੈਸਾ ਅੰਮੁਹਾ ਜਾਇ॥	(ਮੱਾਤਾ) ਮਸਤ। (ਭੈਸਾ) ਝੋਟਾ, ਹੰਕਾਰੀ ਜੀਵ। (ਅੰ-ਮੁਹਾ) ਅਮੋੜ ਹੋ ਕੇ ਜਾਂਦਾ ਹੈ	Maathaa Bhaisaa Anmuhaa Jaae ||	The bull is intoxicated, and runs around wildly.	ਮਸਤੇ ਹੋਏ ਸੰਢੇ ਵਰਗਾ ਮਨ ਅਮੋੜ-ਪੁਣਾ ਕਰਦਾ ਹੈ,
14922	326	ਕੁਦਿ ਕੁਦਿ ਚਰੈ ਰਸਾਤਲਿ ਪਾਇ॥੨॥	(ਰਸਾਤਲਿ) ਨਰਕ। ਕੁੱਦਿ ਕੁੱਦਿ	Kudh Kudh Charai Rasaathal Paae ||2||	He romps and eats and then falls into hell. ||2||	ਕੁੱਦਦਾ ਹੈ (ਭਾਵ, ਅਹੰਕਾਰ ਕਰਦਾ ਹੈ) ਵਿਸ਼ਿਆਂ ਦੀ ਖੇਤੀ ਚੁਗਦਾ ਰਹਿੰਦਾ ਹੈ, ਤੇ ਨਰਕ ਵਿਚ ਪੈ ਜਾਂਦਾ ਹੈ ॥੨॥
14923	326	ਕਹੁ ਕਬੀਰ ਪਰਗਟੁ ਭਈ ਖੇਡ॥	ਖ੍ਹੇਡ	Kahu Kabeer Paragatt Bhee Khaedd ||	Says Kabeer, a strange sport has become manifest:	ਕਬੀਰ ਆਖਦਾ ਹੈ- (ਮੈਨੂੰ ਤਾਂ) ਇਹ ਅਜੀਬ ਤਮਾਸ਼ਾ ਸਮਝ ਵਿਚ ਆ ਗਿਆ ਹੈ,

14924	326	ਲੇਲੇ ਕਉ ਚੂਘੈ ਨਿਤ ਭੇਡ॥੩॥	ਨਿੱਤ	Laelae Ko Chooghai Nith Bhaedd ||3||	The sheep is sucking the milk of her lamb. ||3||	(ਤਮਾਸ਼ਾ ਇਹ ਹੈ ਕਿ) ਸੰਸਾਰੀ ਜੀਵਾਂ ਦੀ ਬੁੱਧੀ ਮਨ ਦੇ ਪਿਛੇ ਲੱਗੀ ਫਿਰਦੀ ਹੈ ॥੩॥
14925	326	ਰਾਮ ਰਮਤ ਮਤਿ ਪਰਗਟੀਆਈ॥	ਪਰਗਟੀ-ਆਈ	Raam Ramath Math Paragattee Aaee ||	Chanting the Lord's Name, my intellect is enlightened.	(ਇਹ ਸਮਝ ਕਿਸ ਨੇ ਪਾਈ ਹੈ?) ਹੇ (ਜਿਸ ਗੁਰੂ ਦੀ ਬਰਕਤਿ ਨਾਲ) ਪ੍ਰਭੂ ਦਾ ਸਿਮਰਨ ਕਰਦਿਆਂ ਕਰਦਿਆਂ (ਮੇਰੀ) ਬੁੱਧੀ ਜਾਗ ਪਈ ਹੈ (ਤੇ ਮਨ ਦੇ ਪਿਛੇ ਤੁਰਨੋਂ ਹਟ ਗਈ ਹੈ)
14926	326	ਕਹੁ ਕਬੀਰ ਗੁਰਿ ਸੋਝੀ ਪਾਈ॥੪॥੧॥੧੪॥		Kahu Kabeer Gur Sojhee Paaee ||4||1||14||	Says Kabeer, the Guru has blessed me with this understanding. ||4||1||14||	ਕਬੀਰ ਆਖਦਾ ਹੈ- (ਉਸ) ਸਤਿਗੁਰੂ ਨੇ ਇਹ ਸਮਝ ਬਖ਼ਸ਼ੀ ਹੈ ॥੪॥੧॥੧੪॥
14927	326	ਗਉੜੀ ਕਬੀਰ ਜੀ ਪੰਚਪਦੇ॥	ਮੀੱਨਾ	Gourree Kabeer Jee Panchapadhae ||	Gauree, Kabeer Jee, Panch-Padas:	
14928	326	ਜਿਉ ਜਲ ਛੋਡਿ ਬਾਹਰਿ ਭਇਓ ਮੀਨਾ॥		Jio Jal Shhodd Baahar Bhaeiou Meenaa ||	I am like a fish out of water,	(ਮੈਨੂੰ ਲੋਕ ਕਹਿ ਰਹੇ ਹਨ ਕਿ) ਜਿਵੇਂ ਮੱਛ ਪਾਣੀ ਨੂੰ ਛੱਡ ਕੇ ਬਾਹਰ ਨਿਕਲ ਆਉਂਦਾ ਹੈ (ਤਾਂ ਦੁਖੀ ਹੋ ਹੋ ਕੇ ਮਰ ਜਾਂਦਾ ਹੈ;
14929	326	ਪੂਰਬ ਜਨਮ ਹਉ ਤਪ ਕਾ ਹੀਨਾ॥੧॥	ਹੀਨਾ: ਪੋਲਾ ਬੋਲੋ	Poorab Janam Ho Thap Kaa Heenaa ||1||	Because in my previous life, I did not practice penance and intense meditation. ||1||	ਤਿਵੇਂ) ਮੈਂ ਭੀ ਪਿਛਲੇ ਜਨਮਾਂ ਵਿਚ ਤਪ ਨਹੀਂ ਕੀਤਾ (ਤਾਹੀਏਂ ਮੁਕਤੀ ਦੇਣ ਵਾਲੀ ਕਾਂਸ਼ੀ ਨੂੰ ਛੱਡ ਕੇ ਮਗਹਰ ਆ ਗਿਆ ਹਾਂ) ॥੧॥

14930	326	ਅਬ ਕਹੁ ਰਾਮ ਕਵਨ ਗਤਿ ਮੋਰੀ॥		Ab Kahu Raam Kavan Gath Moree ||	Now tell me, Lord, what will my condition be?	ਹੇ ਮੇਰੇ ਰਾਮ! ਹੁਣ ਮੈਨੂੰ ਦੱਸ, ਮੇਰਾ ਕੀਹ ਹਾਲ ਹੋਵੇਗਾ?
14931	326	ਤਜੀ ਲੇ ਬਨਾਰਸ ਮਤਿ ਭਈ ਥੋਰੀ॥੧॥ਰਹਾਉ॥		Thajee Lae Banaaras Math Bhee Thhoree ||1|| Rehaao ||	I left Benares - I had little common sense. ||1||Pause||	ਮੈਂ ਕਾਂਸ਼ੀ ਛੱਡ ਆਇਆ ਹਾਂ (ਕੀ ਇਹ ਠੀਕ ਹੈ ਕਿ) ਮੇਰੀ ਮੱਤ ਮਾਰੀ ਗਈ ਹੈ? ॥੧॥ ਰਹਾਉ ॥
14932	326	ਸਗਲ ਜਨਮੁ ਸਿਵਪੁਰੀ ਗਵਾਇਆ॥		Sagal Janam Siv Puree Gavaaeiaa ||	I wasted my whole life in the city of Shiva;	(ਹੇ ਰਾਮ! ਮੈਨੂੰ ਲੋਕ ਆਖਦੇ ਹਨ-) ਤੂੰ ਸਾਰੀ ਉਮਰ ਕਾਂਸ਼ੀ ਵਿਚ ਵਿਅਰਥ ਗੁਜ਼ਾਰ ਦਿੱਤੀ,
14933	326	ਮਰਤੀ ਬਾਰ ਮਗਹਰਿ ਉਠਿ ਆਇਆ॥੨॥	ਮਗ-ਹਰਿ: ਪੋਲਾ ਬੋਲੋ	Marathee Baar Magehar Outh Aaeiaa ||2||	At the time of my death, I moved to Magahar. ||2||	(ਕਿਉਂਕਿ ਹੁਣ ਜਦੋਂ ਮੁਕਤੀ ਮਿਲਣੀ ਸੀ ਤਾਂ) ਮਰਨ ਵੇਲੇ (ਕਾਂਸ਼ੀ) ਛੱਡ ਕੇ ਮਗਹਰ ਤੁਰ ਆਇਆ ਹੈਂ ॥੨॥
14934	326	ਬਹੁਤੁ ਬਰਸ ਤਪੁ ਕੀਆ ਕਾਸੀ॥	ਕਾਂਸੀ	Bahuth Baras Thap Keeaa Kaasee ||	For many years, I practiced penance and intense meditation at Kaashi;	(ਹੇ ਪ੍ਰਭੂ! ਲੋਕ ਕਹਿੰਦੇ ਹਨ-) ਤੂੰ ਕਾਂਸ਼ੀ ਵਿਚ ਰਹਿ ਕੇ ਕਈ ਸਾਲ ਤਪ ਕੀਤਾ (ਪਰ ਉਸ ਤਪ ਦਾ ਕੀਹ ਲਾਭ?)
14935	326	ਮਰਨੁ ਭਇਆ ਮਗਹਰ ਕੀ ਬਾਸੀ॥੩॥		Maran Bhaeiaa Magehar Kee Baasee ||3||	Now that my time to die has come, I have come to dwell at Magahar! ||3||	ਜਦੋਂ ਮਰਨ ਦਾ ਵੇਲਾ ਆਇਆ ਤਾਂ ਮਗਹਰ ਆ ਵੱਸਿਓਂ ॥੩॥
14936	326	ਕਾਸੀ ਮਗਹਰ ਸਮ ਬੀਚਾਰੀ॥		Kaasee Magehar Sam Beechaaree ||	Kaashi and Magahar - I consider them the same.	(ਹੇ ਰਾਮ! ਲੋਕ ਬੋਲੀ ਮਾਰਦੇ ਹਨ-) ਤੂੰ ਕਾਂਸ਼ੀ ਤੇ ਮਗਹਰ ਨੂੰ ਇਕੋ ਜਿਹਾ ਸਮਝ ਲਿਆ ਹੈ,

14937	326	ਓਛੀ ਭਗਤਿ ਕੈਸੇ ਉਤਰਸਿ ਪਾਰੀ॥੪॥	ਉੱਤ-ਰਸਿ	Oushhee Bhagath Kaisae Outharas Paaree ||4||	With inadequate devotion, how can anyone swim across? ||4||	ਇਸ ਹੋਛੀ ਭਗਤੀ ਨਾਲ (ਜੋ ਤੂੰ ਕਰ ਰਿਹਾ ਹੈਂ) ਕਿਵੇਂ ਸੰਸਾਰ-ਸਮੁੰਦਰ ਤੋਂ ਪਾਰ ਲੰਘੇਂਗਾ? ॥੪॥
14938	326	ਕਹੁ ਗੁਰ ਗਜ ਸਿਵ ਸਭੁ ਕੋ ਜਾਨੈ॥	(ਗੁਰ) ਗੁਰੂ-ਗੁਰੂ ਕਹੁ। (ਸਿਵ) ਕਲਿਆਣ ਸਰੂਪ ਵਾਹਿਗੁਰੂ ਜੀ ਨੂੰ ਗੱਜ ਗੱਜ ਕੇ ਉਚਾਰਨਾ ਕਰ	Kahu Gur Gaj Siv Sabh Ko Jaanai ||	Says Kabeer, the Guru and Ganaysha and Shiva all know	(ਹੇ ਕਬੀਰ!) ਆਖ-ਹਰੇਕ ਮਨੁੱਖ ਗਣੇਸ਼ ਤੇ ਸ਼ਿਵ ਨੂੰ ਹੀ ਪਛਾਣਦਾ ਹੈ (ਭਾਵ, ਹਰੇਕ ਮਨੁੱਖ ਇਹੀ ਸਮਝ ਰਿਹਾ ਹੈ ਕਿ ਸ਼ਿਵ ਮੁਕਤੀਦਾਤਾ ਹੈ ਤੇ ਗਣੇਸ਼ ਦੀ ਨਗਰੀ ਮੁਕਤੀ ਖੋਹਣ ਵਾਲੀ ਹੈ);
14939	326	ਮੁਆ ਕਬੀਰੁ ਰਮਤ ਸ੍ਰੀ ਰਾਮੈ॥੫॥੧੫॥		Muaa Kabeer Ramath Sree Raamai ||5||15||	That Kabeer died chanting the Lord's Name. ||5||15||	ਪਰ ਕਬੀਰ ਤਾਂ ਪ੍ਰਭੂ ਦਾ ਸਿਮਰਨ ਕਰ ਕਰ ਕੇ ਆਪਾ-ਭਾਵ ਹੀ ਮਿਟਾ ਬੈਠਾ ਹੈ (ਕਬੀਰ ਨੂੰ ਇਹ ਪਤਾ ਕਰਨ ਦੀ ਲੋੜ ਹੀ ਨਹੀਂ ਰਹੀ ਕਿ ਉਸ ਦੀ ਕੀਹ ਗਤੀ ਹੋਵੇਗੀ) ॥੫॥੧੫॥
14940	326	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
14941	326	ਚੋਆ ਚੰਦਨ ਮਰਦਨ ਅੰਗਾ॥		Choaa Chandhan Maradhan Angaa ||	You may anoint your limbs with sandalwood oil,	(ਜਿਸ ਸਰੀਰ ਦੇ) ਅੰਗਾਂ ਨੂੰ ਅਤਰ ਤੇ ਚੰਦਨ ਮਲੀਦਾ ਹੈ,
14942	326	ਸੋ ਤਨੁ ਜਲੈ ਕਾਠ ਕੈ ਸੰਗਾ॥੧॥		So Than Jalai Kaath Kai Sangaa ||1||	But in the end, that body will be burned with the firewood. ||1||	ਉਹ ਸਰੀਰ (ਆਖ਼ਰ ਨੂੰ) ਲੱਕੜਾਂ ਵਿਚ ਪਾ ਕੇ ਸਾੜਿਆ ਜਾਂਦਾ ਹੈ ॥੧॥

14943	326	ਇਸੁ ਤਨ ਧਨ ਕੀ ਕਵਨ ਬਡਾਈ॥		Eis Than Dhhan Kee Kavan Baddaaee ||	Why should anyone take pride in this body or wealth?	ਇਸ ਸਰੀਰ ਤੇ ਧਨ ਉੱਤੇ ਕੀਹ ਮਾਣ ਕਰਨਾ ਹੋਇਆ?
14944	326	ਧਰਨਿ ਪਰੈ ਉਰਵਾਰਿ ਨ ਜਾਈ॥੧॥ਰਹਾਉ॥	(ਉਰਵਾਰਿ) ਮਾਤ ਲੋਕ	Dhharan Parai Ouravaar N Jaaee ||1|| Rehaao ||	They shall end up lying on the ground; they shall not go along with you to the world beyond. ||1||Pause||	ਇਹ ਇੱਥੇ ਹੀ ਧਰਤੀ ਤੇ ਪਏ ਰਹਿ ਜਾਂਦੇ ਹਨ (ਜੀਵ ਦੇ ਨਾਲ) ਨਹੀਂ ਜਾਂਦੇ ॥੧॥ ਰਹਾਉ ॥
14945	326	ਰਾਤਿ ਜਿ ਸੋਵਹਿ ਦਿਨ ਕਰਹਿ ਕਾਮ॥		Raath J Sovehi Dhin Karehi Kaam ||	They sleep by night and work during the day,	ਜੋ ਮਨੁੱਖ ਰਾਤ ਨੂੰ ਸੁੱਤੇ ਰਹਿੰਦੇ ਹਨ (ਭਾਵ, ਰਾਤ ਤਾਂ ਸੁੱਤਿਆਂ ਗੁਜ਼ਾਰ ਦੇਂਦੇ ਹਨ), ਤੇ ਦਿਨੇ (ਦੁਨਿਆਵੀ) ਕੰਮ-ਧੰਧੇ ਕਰਦੇ ਰਹਿੰਦੇ ਹਨ,
14946	326	ਇਕੁ ਖਿਨੁ ਲੇਹਿ ਨ ਹਰਿ ਕੋ ਨਾਮ॥੨॥		Eik Khin Laehi N Har Ko Naam ||2||	But they do not chant the Lord's Name, even for an instant. ||2||	ਪਰ ਇਕ ਪਲ ਮਾਤ੍ਰ ਭੀ ਪ੍ਰਭੂ ਦਾ ਨਾਮ ਨਹੀਂ ਜਪਦੇ ॥੨॥
14947	326	ਹਾਥਿ ਤਡੋਰ ਮੁਖਿ ਖਾਇਓ ਤੰਬੋਰ॥	(ਤਡੋਰ) ਹੱਥ ਅੱਡੇ ਹੋਇ ਹਨ। (ਤੰਬੋਰ) ਪਾਨਾਂ ਦੇ ਬੀੜੇ ਖਾਂਦਾ ਹੈ। (ਦੂਜਾ ਪਾਠ: ਤ ਡੋਰ)	Haathh Th Ddor Mukh Khaaeiou Thanbor ||	They hold the string of the kite in their hands, and chew betel leaves in their mouths,	ਜੋ ਮਨੁੱਖ ਮੂੰਹ ਵਿਚ ਤਾਂ ਪਾਨ ਚੱਬ ਰਹੇ ਹਨ, ਤੇ ਜਿਨ੍ਹਾਂ ਦੇ ਹੱਥ ਵਿਚ (ਬਾਜਾਂ ਦੀਆਂ) ਡੋਰਾਂ ਹਨ (ਭਾਵ, ਜੋ ਸ਼ਿਕਾਰ ਆਦਿਕ ਸ਼ੁਗਲ ਵਿਚ ਰੁੱਝੇ ਰਹਿੰਦੇ ਹਨ),

14948	326	ਮਰਤੀ ਬਾਰ ਕਸਿ ਬਾਧਿਓ ਚੋਰ॥੩॥	ਕਸਿ:ਪੋਲਾ ਬੋਲੋ। (ਕਸਿ) ਘੁੱਟਕੇ	Marathee Baar Kas Baadhhiou Chor ||3||	But at the time of death, they shall be tied up tight, like thieves. ||3||	ਉਹ ਮਰਨ ਵੇਲੇ ਚੋਰਾਂ ਵਾਂਗ ਕੱਸ ਕੇ ਬੱਧੇ ਜਾਂਦੇ ਹਨ ॥੩॥
14949	326	ਗੁਰਮਤਿ ਰਸਿ ਰਸਿ ਹਰਿ ਗੁਨ ਗਾਵੈ॥		Guramath Ras Ras Har Gun Gaavai ||	Through the Guru's Teachings, and immersed in His Love, sing the Glorious Praises of the Lord.	ਜੋ ਮਨੁੱਖ ਸਤਿਗੁਰੂ ਦੀ ਮੱਤ ਲੈ ਕੇ ਬੜੇ ਪ੍ਰੇਮ ਨਾਲ ਪ੍ਰਭੂ ਦੇ ਗੁਣ ਗਾਉਂਦਾ ਹੈ,
14950	326	ਰਾਮੈ ਰਾਮ ਰਮਤ ਸੁਖੁ ਪਾਵੈ॥੪॥	(ਰਮਤ) ਉਚਾਰਦਿਆਂ	Raamai Raam Ramath Sukh Paavai ||4||	Chant the Name of the Lord, Raam, Raam, and find peace. ||4||	ਉਹ ਕੇਵਲ ਪ੍ਰਭੂ ਨੂੰ ਸਿਮਰ ਸਿਮਰ ਕੇ ਸੁਖ ਮਾਣਦਾ ਹੈ ॥੪॥
14951	326	ਕਿਰਪਾ ਕਰਿ ਕੈ ਨਾਮੁ ਦ੍ਰਿੜਾਈ॥		Kirapaa Kar Kai Naam Dhrirraaee ||	In His Mercy, He implants the Naam within us;	ਪ੍ਰਭੂ ਆਪਣੀ ਮਿਹਰ ਕਰ ਕੇ ਜਿਸ ਦੇ ਹਿਰਦੇ ਵਿਚ ਆਪਣਾ ਨਾਮ ਟਿਕਾਉਂਦਾ ਹੈ,
14952	326	ਹਰਿ ਹਰਿ ਬਾਸੁ ਸੁਗੰਧ ਬਸਾਈ॥੫॥		Har Har Baas Sugandhh Basaaee ||5||	Inhale deeply the sweet aroma and fragrance of the Lord, Har, Har. ||5||	ਉਸ ਵਿਚ ਉਹ 'ਨਾਮ' ਦੀ ਖ਼ੁਸ਼ਬੋ ਦਾ ਵਾਸ ਕਰਾ ਦੇਂਦਾ ਹੈ ॥੫॥
14953	326	ਕਹਤ ਕਬੀਰ ਚੇਤਿ ਰੇ ਅੰਧਾ॥		Kehath Kabeer Chaeth Rae Andhhaa ||	Says Kabeer, remember Him, you blind fool!	ਕਬੀਰ ਆਖਦਾ ਹੈ-ਹੇ ਅਗਿਆਨੀ ਜੀਵ! ਪ੍ਰਭੂ ਨੂੰ ਸਿਮਰ।
14954	326	ਸਤਿ ਰਾਮੁ ਝੂਠਾ ਸਭੁ ਧੰਧਾ॥੬॥੧੬॥		Sath Raam Jhoothaa Sabh Dhhandhhaa ||6||16||	The Lord is True; all worldly affairs are false. ||6||16||	ਪ੍ਰਭੂ ਹੀ ਸਦਾ-ਥਿਰ ਰਹਿਣ ਵਾਲਾ ਹੈ, ਬਾਕੀ ਸਾਰਾ ਜੰਜਾਲ ਨਾਸ ਹੋ ਜਾਣ ਵਾਲਾ ਹੈ ॥੬॥੧੬॥

14955	326	ਗਉੜੀ ਕਬੀਰ ਜੀ ਤਿਪਦੇ ਚਾਰਤੁਕੇ੨॥	ਤਿ-ਪਦੇ। ਚਾਰਤੁਕੇ੨: ਬ੍ਰੀਕ ੨ ਦਾ ਭਾਵ ਹੈ, ਅੱਗੇ ਇੱਕ ਤਿਪਦੇ, ਇੱਕ ਚਾਰਤੁਕੇ ਸਬਦ ਆਵੇਗਾ	Gourree Kabeer Jee Thipadhae Chaarathukae ||	Gauree, Kabeer Jee, Ti-Padas And Chau-Tukas:	
14956	326	ਜਮ ਤੇ ਉਲਟਿ ਭਏ ਹੈ ਰਾਮ॥		Jam Thae Oulatt Bheae Hai Raam ||	I have turned away from death and turned to the Lord.	(ਜਦ ਤੋਂ ਮੇਰੀ ਪ੍ਰਭੂ ਨਾਲ ਸਾਂਝ ਪੈ ਗਈ ਹੈ) ਜਮਾਂ ਤੋਂ ਬਦਲ ਕੇ ਪ੍ਰਭੂ (ਦਾ ਰੂਪ) ਹੋ ਗਏ ਹਨ (ਭਾਵ, ਪਹਿਲਾਂ ਜੋ ਮੈਨੂੰ ਜਮ-ਰੂਪ ਦਿੱਸਦੇ ਸਨ, ਹੁਣ ਉਹ ਪ੍ਰਭੂ ਦਾ ਰੂਪ ਦਿਖਾਈ ਦੇਂਦੇ ਹਨ),
14957	326	ਦੁਖ ਬਿਨਸੇ ਸੁਖ ਕੀਓ ਬਿਸਰਾਮ॥		Dhukh Binasae Sukh Keeou Bisaraam ||	Pain has been eliminated, and I dwell in peac and comfort.	ਮੇਰੇ ਦੁੱਖ ਦੂਰ ਹੋ ਗਏ ਹਨ ਤੇ ਸੁਖਾਂ ਨੇ (ਮੇਰੇ ਅੰਦਰ) ਡੇਰਾ ਆਣ ਜਮਾਇਆ ਹੈ।
14958	326	ਬੈਰੀ ਉਲਟਿ ਭਏ ਹੈ ਮੀਤਾ॥		Bairee Oulatt Bheae Hai Meethaa ||	My enemies have been transformed into friends.	ਜੋ ਪਹਿਲਾਂ ਵੈਰੀ ਸਨ, ਹੁਣ ਉਹ ਸੱਜਣ ਬਣ ਗਏ ਹਨ (ਭਾਵ, ਜੋ ਇੰਦ੍ਰੇ ਪਹਿਲਾਂ ਵਿਕਾਰਾਂ ਵਲ ਲੈ ਜਾ ਕੇ ਵੈਰੀਆਂ ਵਾਲਾ ਕੰਮ ਕਰ ਰਹੇ ਸਨ, ਹੁਣ ਉਹ ਭਲੇ ਪਾਸੇ ਲਿਆ ਰਹੇ ਹਨ);
14959	326	ਸਾਕਤ ਉਲਟਿ ਸੁਜਨ ਭਏ ਚੀਤਾ॥੧॥	(ਸੁ-ਜਨ) ਮਿੱਤ੍ਰ	Saakath Oulatt Sujan Bheae Cheethaa ||1||	The faithless cynics have been transformed into good-hearted people. ||1||	ਪਹਿਲਾਂ ਇਹ ਰੱਬ ਨਾਲੋਂ ਟੁੱਟੇ ਹੋਏ ਸਨ, ਹੁਣ ਉਲਟ ਕੇ ਅੰਤਰ-ਆਤਮੇ ਗੁਰਮੁਖ ਬਣ ਗਏ ਹਨ ॥੧॥

14960	326	ਅਬ ਮੋਹਿ ਸਰਬ ਕੁਸਲ ਕਰਿ ਮਾਨਿਆ॥	(ਕੁਸਲ) ਸੁਖ	Ab Mohi Sarab Kusal Kar Maaniaa ||	Now, I feel that everything brings me peace.	ਹੁਣ ਮੈਨੂੰ ਸਾਰੇ ਸੁਖ ਆਨੰਦ ਪ੍ਰਤੀਤ ਹੋ ਰਹੇ ਹਨ;
14961	326	ਸਾਂਤਿ ਭਈ ਜਬ ਗੋਬਿਦੁ ਜਾਨਿਆ॥੧॥ਰਹਾਉ ॥		Saanth Bhee Jab Gobidh Jaaniaa ||1|| Rehaao ||	Peace and tranquility have come, since I realized the Lord of the Universe. ||1||Pause||	ਜਦੋਂ ਦਾ ਮੈਂ ਪ੍ਰਭੂ ਨੂੰ ਪਛਾਣ ਲਿਆ ਹੈ (ਪ੍ਰਭੂ ਨਾਲ ਸਾਂਝ ਪਾ ਲਈ ਹੈ) ਤਦੋਂ ਦੀ (ਮੇਰੇ ਅੰਦਰ) ਠੰਢ ਪੈ ਗਈ ਹੈ ॥੧॥ ਰਹਾਉ ॥
14962	327	ਤਨ ਮਹਿ ਹੋਤੀ ਕੋਟਿ ਉਪਾਧਿ॥	(ਉਪਾਧਿ) ਬਿਮਾਰੀ	Than Mehi Hothee Kott Oupaadhh ||	My body was afflicted with millions of diseases.	(ਮੇਰੇ ਸਰੀਰ ਵਿਚ ਵਿਕਾਰਾਂ ਦੇ) ਕ੍ਰੋੜਾਂ ਬਖੇੜੇ ਸਨ;
14963	327	ਉਲਟਿ ਭਈ ਸੁਖ ਸਹਜਿ ਸਮਾਧਿ॥		Oulatt Bhee Sukh Sehaj Samaadhh ||	They have been transformed into the peaceful, tranquil concentration of Samaadhi.	ਪ੍ਰਭੂ ਦੇ ਨਾਮ-ਰਸ ਵਿਚ ਜੁੜੇ ਰਹਿਣ ਕਰਕੇ ਉਹ ਸਾਰੇ ਪਲਟ ਕੇ ਸੁਖ ਬਣ ਗਏ ਹਨ।
14964	327	ਆਪੁ ਪਛਾਨੈ ਆਪੈ ਆਪ॥		Aap Pashhaanai Aapai Aap ||	When someone understands his own self,	(ਮੇਰੇ ਮਨ ਨੇ) ਆਪਣੇ ਅਸਲ ਸਰੂਪ ਨੂੰ ਪਛਾਣ ਲਿਆ ਹੈ (ਹੁਣ ਇਸ ਨੂੰ) ਪ੍ਰਭੂ ਹੀ ਪ੍ਰਭੂ ਦਿੱਸ ਰਿਹਾ ਹੈ;
14965	327	ਰੋਗੁ ਨ ਬਿਆਪੈ ਤੀਨੌ ਤਾਪ॥੨॥		Rog N Biaapai Theena Thaap ||2||	He no longer suffers from illness and the three fevers. ||2||	ਰੋਗ ਤੇ ਤਿੰਨੇ ਤਾਪ (ਹੁਣ) ਪੋਹ ਨਹੀਂ ਸਕਦੇ ॥੨॥
14966	327	ਅਬ ਮਨੁ ਉਲਟਿ ਸਨਾਤਨੁ ਹੂਆ॥	(ਸਨਾਤਨੁ) ਬ੍ਰਹਮ ਸਰੂਪ ਬਣ ਗਏ	Ab Man Oulatt Sanaathan Hooaa ||	My mind has now been restored to its original purity.	ਹੁਣ ਮੇਰਾ ਮਨ (ਆਪਣੇ ਪਹਿਲੇ ਵਿਕਾਰਾਂ ਵਾਲੇ ਸੁਭਾਉ ਵਲੋਂ) ਹਟ ਕੇ ਪ੍ਰਭੂ ਦਾ ਰੂਪ ਹੋ ਗਿਆ ਹੈ;

14967	327	ਤਬ ਜਾਨਿਆ ਜਬ ਜੀਵਤ ਮੂਆ॥		Thab Jaaniaa Jab Jeevath Mooaa ||	When I became dead while yet alive, only then did I come to know the Lord.	(ਇਸ ਗੱਲ ਦੀ) ਤਦੋਂ ਸਮਝ ਆਈ ਹੈ ਜਦੋਂ (ਇਹ ਮਨ) ਮਾਇਆ ਵਿਚ ਵਿਚਰਦਾ ਹੋਇਆ ਭੀ ਮਾਇਆ ਦੇ ਮੋਹ ਤੋਂ ਉੱਚਾ ਹੋ ਗਿਆ ਹੈ।
14968	327	ਕਹੁ ਕਬੀਰ ਸੁਖਿ ਸਹਜਿ ਸਮਾਵਉ॥	ਸਮਾਵ-ਉ	Kahu Kabeer Sukh Sehaj Samaavo ||	Says Kabeer, I am now immersed in intuitive peace and poise.	ਕਬੀਰ ਆਖਦਾ ਹੈ- ਮੈਂ ਆਤਮਕ ਅਨੰਦ ਵਿਚ ਅਡੋਲ ਅਵਸਥਾ ਵਿਚ ਜੁੜਿਆ ਹੋਇਆ ਹਾਂ।
14969	327	ਆਪਿ ਨ ਡਰਉ ਨ ਅਵਰ ਡਰਾਵਉ॥੩॥੧੭॥	ਡਰਾਵਉ	Aap N Ddaro N Avar Ddaraavo ||3||17||	I do not fear anyone, and I do not strike fear into anyone else. ||3||17||	ਨਾਹ ਮੈਂ ਆਪ ਕਿਸੇ ਹੋਰ ਪਾਸੋਂ ਡਰਦਾ ਹਾਂ ਅਤੇ ਨਾਹ ਹੀ ਹੋਰਨਾਂ ਨੂੰ ਡਰਾਉਂਦਾ ਹਾਂ ॥੩॥੧੭॥
14970	327	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
14971	327	ਪਿੰਡਿ ਮੂਐ ਜੀਉ ਕਿਹ ਘਰਿ ਜਾਤਾ॥	(ਪਿੰਡਿ) ਸ੍ਰੀਰ	Pindd Mooai Jeeo Kih Ghar Jaathaa ||	When the body dies, where does the soul go?	(ਪ੍ਰਸ਼ਨ:) ਸਰੀਰ ਦਾ ਮੋਹ ਦੂਰ ਹੋਇਆਂ ਆਤਮਾ ਕਿੱਥੇ ਟਿਕਦਾ ਹੈ? (ਭਾਵ, ਪਹਿਲਾਂ ਤਾਂ ਜੀਵ ਆਪਣੇ ਸਰੀਰ ਦੇ ਮੋਹ ਕਰਕੇ ਮਾਇਆ ਵਿਚ ਮਸਤ ਰਹਿੰਦਾ ਹੈ, ਜਦੋਂ ਇਹ ਮੋਹ ਦੂਰ ਹੋ ਜਾਏ, ਤਦੋਂ ਜੀਵ ਦੀ ਸੁਰਤ ਕਿੱਥੇ ਜੁੜੀ ਰਹਿੰਦੀ ਹੈ?)।

14972	327	ਸਬਦਿ ਅਤੀਤਿ ਅਨਾਹਦਿ ਰਾਤਾ॥	ਰੱਾਤਾ	Sabadh Atheeth Anaahadh Raathaa ||	It is absorbed into the untouched, unstruck melody of the Word of the Shabad.	(ਉੱਤਰ:) (ਤਦੋਂ ਆਤਮਾ) ਸਤਿਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਸ ਪ੍ਰਭੂ ਵਿਚ ਜੁੜਿਆ ਰਹਿੰਦਾ ਹੈ ਜੋ ਮਾਇਆ ਦੇ ਬੰਧਨਾਂ ਤੋ ਪਰੇ ਹੈ ਤੇ ਬੇਅੰਤ ਹੈ।
14973	327	ਜਿਨਿ ਰਾਮੁ ਜਾਨਿਆ ਤਿਨਹਿ ਪਛਾਨਿਆ॥		Jin Raam Jaaniaa Thinehi Pashhaaniaa ||	Only one who knows the Lord realizes Him.	(ਪਰ) ਜਿਸ ਮਨੁੱਖ ਨੇ ਪ੍ਰਭੂ ਨੂੰ (ਆਪਣੇ ਅੰਦਰ) ਜਾਣਿਆ ਹੈ ਉਸ ਨੇ ਹੀ ਉਸ ਨੂੰ ਪਛਾਣਿਆ ਹੈ,
14974	327	ਜਿਉ ਗੂੰਗੇ ਸਾਕਰ ਮਨੁ ਮਾਨਿਆ॥੧॥	ਸੱਾਕਰ	Jio Goongae Saakar Man Maaniaa ||1||	The mind is satisfied and satiated, like the mute who eats the sugar candy and just smiles, without speaking. ||1||	ਜਿਵੇਂ ਗੁੰਗੇ ਦਾ ਮਨ ਸ਼ੱਕਰ ਵਿਚ ਪਤੀਜਦਾ ਹੈ (ਕੋਈ ਹੋਰ ਉਸ ਸੁਆਦ ਨੂੰ ਨਹੀਂ ਸਮਝਦਾ, ਕਿਸੇ ਹੋਰ ਨੂੰ ਉਹ ਸਮਝਾ ਨਹੀਂ ਸਕਦਾ) ॥੧॥
14975	327	ਐਸਾ ਗਿਆਨੁ ਕਥੈ ਬਨਵਾਰੀ॥	ਅਨੰਤ ਬ੍ਰਹਮੰਡ ਦੀ ਰਚਨਾ ਰੂਪ ਬਾਗ਼ ਦੇ (ਬਨਵਾਰੀ) ਮਾਲੀ ਪ੍ਰਮਾਤਮਾ	Aisaa Giaan Kathhai Banavaaree ||	Such is the spiritual wisdom which the Lord has imparted.	ਇਹੋ ਜਿਹਾ ਗਿਆਨ ਪ੍ਰਭੂ ਆਪ ਹੀ ਪਰਗਟ ਕਰਦਾ ਹੈ (ਭਾਵ, ਪ੍ਰਭੂ ਨਾਲ ਮਿਲਾਪ ਵਾਲਾ ਇਹ ਸੁਆਦ ਪ੍ਰਭੂ ਆਪ ਹੀ ਬਖ਼ਸ਼ਦਾ ਹੈ)
14976	327	ਮਨ ਰੇ ਪਵਨ ਦ੍ਰਿੜ ਸੁਖਮਨ ਨਾਰੀ॥੧॥ਰਹਾਉ॥	(ਸੁਖਮਨ)ਮਨ ਸ਼੍ਰੋਮਣੀ ਸੁਖ ਸਰੂਪ ਬ੍ਰਹਮ ਜੀ ਦੀ ਨਾਰੀ ਬਣ ਕੇ ਪਵਨ ਪਵਿੱਤ੍ਰ ਬ੍ਰਹਮ ਜੀ ਨੂੰ ਦ੍ਰਿੜ ਕਰ	Man Rae Pavan Dhrirr Sukhaman Naaree ||1|| Rehaao ||	O mind, hold your breath steady within the central channel of the Sushmanaa. ||1||Pause||	(ਤਾਂ ਤੇ) ਹੇ ਮਨ! ਸੁਆਸ ਸੁਆਸ ਨਾਮ ਜਪ, ਇਹੀ ਹੈ ਸੁਖਮਨਾ ਨਾੜੀ ਦਾ ਅੱਭਿਆਸ ॥੧॥ ਰਹਾਉ ॥

14977	327	ਸੋ ਗੁਰੁ ਕਰਹੁ ਜਿ ਬਹੁਰਿ ਨ ਕਰਨਾ॥		So Gur Karahu J Bahur N Karanaa ||	Adopt such a Guru, that you shall not have to adopt another again.	ਇਹੋ ਜਿਹਾ ਗੁਰੂ ਧਾਰਨ ਕਰੋ ਕਿ ਦੂਜੀ ਵਾਰੀ ਗੁਰੂ ਧਾਰਨ ਦੀ ਲੋੜ ਹੀ ਨਾਹ ਰਹੇ; (ਭਾਵ, ਪੂਰੇ ਗੁਰੂ ਦੀ ਚਰਨੀਂ ਲੱਗੋ);
14978	327	ਸੋ ਪਦੁ ਰਵਹੁ ਜਿ ਬਹੁਰਿ ਨ ਰਵਨਾ॥	(ਰਵਹੁ) ਮਾਣੋ	So Padh Ravahu J Bahur N Ravanaa ||	Dwell in such a state, that you shall never have to dwell in any other.	ਉਸ ਟਿਕਾਣੇ ਦਾ ਆਨੰਦ ਮਾਣੋ ਕਿ ਕਿਸੇ ਹੋਰ ਸੁਆਦ ਦੇ ਮਾਣਨ ਦੀ ਚਾਹ ਹੀ ਨਾਹ ਰਹੇ।
14979	327	ਸੋ ਧਿਆਨੁ ਧਰਹੁ ਜਿ ਬਹੁਰਿ ਨ ਧਰਨਾ॥		So Dhhiaan Dhharahu J Bahur N Dhharanaa ||	Embrace such a meditation, that you shall never have to embrace any other.	ਇਹੋ ਜਿਹੀ ਬਿਰਤੀ ਜੋੜੋ ਕਿ ਫਿਰ (ਹੋਰਥੇ) ਜੋੜਨ ਦੀ ਲੋੜ ਨਾਹ ਰਹੇ;
14980	327	ਐਸੇ ਮਰਹੁ ਜਿ ਬਹੁਰਿ ਨ ਮਰਨਾ॥੨॥		Aisae Marahu J Bahur N Maranaa ||2||	Die in such a way, that you shall never have to die again. ||2||	ਇਸ ਤਰ੍ਹਾਂ ਮਰੋ (ਭਾਵ, ਆਪਾ-ਭਾਵ ਦੂਰ ਕਰੋ ਕਿ) ਫਿਰ (ਜਨਮ) ਮਰਨ ਵਿਚ ਪੈਣਾ ਹੀ ਨਾਹ ਪਏ ॥੨॥
14981	327	ਉਲਟੀ ਗੰਗਾ ਜਮੁਨ ਮਿਲਾਵਉ॥		Oulattee Gangaa Jamun Milaavo ||	Turn your breath away from the left channel, and away from the right channel, and unite them in the central channel of the Sushmanaa.	ਮੈਂ ਆਪਣੇ ਮਨ ਦੀ ਬਿਰਤੀ ਪਰਤਾ ਦਿੱਤੀ ਹੈ (ਇਸ ਤਰ੍ਹਾਂ) ਮੈਂ ਗੰਗਾ ਤੇ ਜਮਨਾ ਨੂੰ ਮਿਲਾ ਰਿਹਾ ਹਾਂ। (ਭਾਵ, ਆਪਣੇ ਅੰਦਰ ਤ੍ਰਿਬੇਣੀ ਦਾ ਸੰਗਮ ਬਣਾ ਰਿਹਾ ਹਾਂ);

14982	327	ਬਿਨੁ ਜਲ ਸੰਗਮ ਮਨ ਮਹਿ ਨ੍ਾਵਉ॥		Bin Jal Sangam Man Mehi Nhaavo ||	At their confluence within your mind, take your bath there without water.	(ਇਸ ਉੱਦਮ ਨਾਲ) ਮੈਂ ਉਸ ਮਨ-ਰੂਪ (ਤ੍ਰਿਬੇਣੀ-) ਸੰਗਮ ਵਿਚ ਇਸ਼ਨਾਨ ਕਰ ਰਿਹਾ ਹਾਂ ਜਿੱਥੇ (ਗੰਗਾ, ਜਮਨਾ, ਸਰਸ੍ਵਤੀ ਵਾਲਾ) ਜਲ ਨਹੀਂ ਹੈ।
14983	327	ਲੋਚਾ ਸਮਸਰਿ ਇਹੁ ਬਿਉਹਾਰਾ॥	(ਲੋਚਾ) ਦ੍ਰਿਸਟੀ	Lochaa Samasar Eihu Biouhaaraa ||	To look upon all with an impartial eye - let this be your daily occupation.	(ਹੁਣ ਮੈਂ) ਇਹਨਾਂ ਅੱਖਾਂ ਨਾਲ (ਸਭ ਨੂੰ) ਇਕੋ ਜਿਹਾ ਵੇਖ ਰਿਹਾ ਹਾਂ-ਇਹ ਮੇਰੀ ਵਰਤਣ ਹੈ।
14984	327	ਤਤੁ ਬੀਚਾਰਿ ਕਿਆ ਅਵਰਿ ਬੀਚਾਰਾ॥੩॥		Thath Beechaar Kiaa Avar Beechaaraa ||3||	Contemplate this essence of reality - what else is there to contemplate? ||3||	ਇੱਕ ਪ੍ਰਭੂ ਨੂੰ ਸਿਮਰ ਕੇ ਮੈਨੂੰ ਹੁਣ ਹੋਰ ਵਿਚਾਰਾਂ ਦੀ ਲੋੜ ਨਹੀਂ ਰਹੀ ॥੩॥
14985	327	ਅਪੁ ਤੇਜੁ ਬਾਇ ਪ੍ਰਿਥਮੀ ਆਕਾਸਾ॥	(ਅਪੁ) ਪਾਣੀ। (ਤੇਜੁ)ਅਗਨੀ। (ਬਾਇ) ਹਵਾ	Ap Thaej Baae Prithhamee Aakaasaa ||	Water, fire, wind, earth and ether	ਜਿਵੇਂ ਪਾਣੀ, ਅੱਗ, ਹਵਾ, ਧਰਤੀ ਤੇ ਅਕਾਸ਼ (ਭਾਵ, ਇਹਨਾਂ ਤੱਤਾਂ ਦੇ ਸੀਤਲਤਾ ਆਦਿਕ ਸ਼ੁਭ ਗੁਣਾਂ ਵਾਂਗ ਮੈਂ ਭੀ ਸ਼ੁਭ ਗੁਣ ਧਾਰਨ ਕੀਤੇ ਹਨ)।
14986	327	ਐਸੀ ਰਹਤ ਰਹਉ ਹਰਿ ਪਾਸਾ॥		Aisee Rehath Reho Har Paasaa ||	Adopt such a way of life and you shall be close to the Lord.	ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਮੈਂ ਇਸ ਤਰ੍ਹਾਂ ਦੀ ਰਹਿਣੀ ਰਹਿ ਰਿਹਾ ਹਾਂ।
14987	327	ਕਹੈ ਕਬੀਰ ਨਿਰੰਜਨ ਧਿਆਵਉ॥		Kehai Kabeer Niranjan Dhhiaavo ||	Says Kabeer, meditate on the Immaculate Lord.	ਕਬੀਰ ਆਖਦਾ ਹੈ-ਮੈਂ ਮਾਇਆ ਤੋਂ ਰਹਿਤ ਪ੍ਰਭੂ ਨੂੰ ਸਿਮਰ ਰਿਹਾ ਹਾਂ,

14988	327	ਤਿਤੁ ਘਰਿ ਜਾਉ ਜਿ ਬਹੁਰਿ ਨ ਆਵਉ॥੪॥੧੮॥		Thith Ghar Jaao J Bahur N Aavo ||4||18||	Go to that home, which you shall never have to leave. ||4||18||	ਸਿਮਰਨ ਕਰਕੇ) ਉਸ ਘਰ (ਸਹਿਜ ਅਵਸਥਾ) ਵਿਚ ਅੱਪੜ ਗਿਆ ਹਾਂ ਕਿ ਫਿਰ (ਪਰਤ ਕੇ ਉਥੋਂ) ਆਉਣਾ ਨਹੀਂ ਪਏਗਾ ॥੪॥੧੮॥
14989	327	ਗਉੜੀ ਕਬੀਰ ਜੀ ਤਿਪਦੇ੧੫॥	ਚਰਨਾਂ ਚ ਬ੍ਰੀਕ ੧੫ ਲਿਖੇ ਹਨ, ਅੱਗੇ ੧੫ ਤਿਪਦੇ ਆਉਣਗੇ। ਤਿਪਦੇ ੧੫ ਪੜ੍ਹੋ	Gourree Kabeer Jee Thipadhae ||	Gauree, Kabeer Jee, Ti-Padas:	
14990	327	ਕੰਚਨ ਸਿਉ ਪਾਈਐ ਨਹੀ ਤੋਲਿ॥		Kanchan Sio Paaeeai Nehee Thol ||	He cannot be obtained by offering your weight in gold.	ਸੋਨਾ ਸਾਵਾਂ ਤੋਲ ਕੇ ਵੱਟੇ ਵਿਚ ਦਿੱਤਿਆਂ ਰੱਬ ਨਹੀਂ ਮਿਲਦਾ।
14991	327	ਮਨੁ ਦੇ ਰਾਮੁ ਲੀਆ ਹੈ ਮੋਲਿ॥੧॥		Man Dhae Raam Leeaa Hai Mol ||1||	But I have bought the Lord by giving my mind to Him. ||1||	ਮੈਂ ਤਾਂ ਮੁੱਲ ਵਜੋਂ ਆਪਣਾ ਮਨ ਦੇ ਕੇ ਰੱਬ ਲੱਭਾ ਹੈ ॥੧॥
14992	327	ਅਬ ਮੋਹਿ ਰਾਮੁ ਅਪੁਨਾ ਕਰਿ ਜਾਨਿਆ॥		Ab Mohi Raam Apunaa Kar Jaaniaa ||	Now I recognize that He is my Lord.	ਹੁਣ ਤਾਂ ਮੈਨੂੰ ਯਕੀਨ ਆ ਗਿਆ ਹੋਇਆ ਹੈ ਕਿ ਰੱਬ ਮੇਰਾ ਆਪਣਾ ਹੀ ਹੈ;
14993	327	ਸਹਜ ਸੁਭਾਇ ਮੇਰਾ ਮਨੁ ਮਾਨਿਆ॥੧॥ਰਹਾਉ ॥		Sehaj Subhaae Maeraa Man Maaniaa ||1|| Rehaao ||	My mind is intuitively pleased with Him. ||1||Pause||	ਸੁਤੇ ਹੀ ਮੇਰੇ ਮਨ ਵਿਚ ਇਹ ਗੰਢ ਬੱਝ ਗਈ ਹੋਈ ਹੈ ॥੧॥ ਰਹਾਉ ॥

14994	327	ਬ੍ਰਹਮੈ ਕਥਿ ਕਥਿ ਅੰਤੁ ਨ ਪਾਇਆ॥		Brehamai Kathh Kathh Anth N Paaeiaa ||	Brahma spoke of Him continually, but could not find His limit.	ਜਿਸ ਰੱਬ ਦੇ ਗੁਣ ਦੱਸ ਦੱਸ ਕੇ ਬ੍ਰਹਮਾ ਨੇ (ਭੀ) ਅੰਤ ਨਾਹ ਪਾਇਆ,
14995	327	ਰਾਮ ਭਗਤਿ ਬੈਠੇ ਘਰਿ ਆਇਆ॥੨॥		Raam Bhagath Baithae Ghar Aaeiaa ||2||	Because of my devotion to the Lord, He has come to sit within the home of my inner being. ||2||	ਉਹ ਰੱਬ ਮੇਰੇ ਭਜਨ ਦੇ ਕਾਰਨ ਸਹਜਿ-ਸੁਭਾਇ ਹੀ ਮੈਨੂੰ ਮੇਰੇ ਹਿਰਦੇ ਵਿਚ ਆ ਕੇ ਮਿਲ ਪਿਆ ਹੈ ॥੨॥
14996	327	ਕਹੁ ਕਬੀਰ ਚੰਚਲ ਮਤਿ ਤਿਆਗੀ॥		Kahu Kabeer Chanchal Math Thiaagee ||	Says Kabeer, I have renounced my restless intellect.	ਕਬੀਰ ਆਖਦਾ ਹੈ- (ਹੁਣ) ਮੈਂ ਛੋਹਰ-ਛਿੰਨਾ ਸੁਭਾਉ ਛੱਡ ਦਿੱਤਾ ਹੈ,
14997	327	ਕੇਵਲ ਰਾਮ ਭਗਤਿ ਨਿਜ ਭਾਗੀ॥੩॥੧॥੧੯॥	(ਭਾਗੀ) ਹਿੱਸੇ ਆਈ। ਨਿੱਜ	Kaeval Raam Bhagath Nij Bhaagee ||3||1||19||	It is my destiny to worship the Lord alone. ||3||1||19||	(ਹੁਣ ਤਾਂ) ਨਿਰੀ ਰੱਬ ਦੀ ਭਗਤੀ ਹੀ ਮੇਰੇ ਹਿੱਸੇ ਆਈ ਹੋਈ ਹੈ ॥੩॥੧॥੧੯॥
14998	327	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
14999	327	ਜਿਹ ਮਰਨੈ ਸਭੁ ਜਗਤੁ ਤਰਾਸਿਆ॥	ਜੱਗਤੁ	Jih Maranai Sabh Jagath Tharaasiaa ||	That death which terrifies the entire world	ਜਿਸ ਮੌਤ ਨੇ ਸਾਰਾ ਸੰਸਾਰ ਡਰਾ ਦਿੱਤਾ ਹੋਇਆ ਹੈ,

15000	327	ਸੋ ਮਰਨਾ ਗੁਰ ਸਬਦਿ ਪ੍ਰਗਾਸਿਆ॥੧॥		So Maranaa Gur Sabadh Pragaasiaa ||1||	- the nature of that death has been revealed to me, through the Word of the Guru's Shabad. ||1||	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮੈਨੂੰ ਸਮਝ ਆ ਗਈ ਹੈ ਕਿ ਉਹ ਮੌਤ ਅਸਲ ਵਿਚ ਕੀਹ ਚੀਜ਼ ਹੈ ॥੧॥
15001	327	ਅਬ ਕੈਸੇ ਮਰਉ ਮਰਨਿ ਮਨੁ ਮਾਨਿਆ॥		Ab Kaisae Maro Maran Man Maaniaa ||	Now, how shall I die? My mind has already accepted death.	ਹੁਣ ਮੈਂ ਜਨਮ ਮਰਨ ਵਿਚ ਕਿਉਂ ਪਵਾਂਗਾ? (ਭਾਵ, ਨਹੀਂ ਪਵਾਂਗਾ) (ਕਿਉਂਕਿ) ਮੇਰਾ ਮਨ ਆਪਾ-ਭਾਵ ਦੀ ਮੌਤ ਵਿਚ ਪਤੀਜ ਗਿਆ ਹੈ।
15002	327	ਮਰਿ ਮਰਿ ਜਾਤੇ ਜਿਨ ਰਾਮੁ ਨ ਜਾਨਿਆ॥੧॥ਰਹਾਉ ॥		Mar Mar Jaathae Jin Raam N Jaaniaa ||1|| Rehaao ||	Those who do not know the Lord, die over and over again, and then depart. ||1||Pause||	(ਕੇਵਲ) ਉਹ ਮਨੁੱਖ ਸਦਾ ਜੰਮਦੇ ਮਰਦੇ ਰਹਿੰਦੇ ਹਨ ਜਿਨ੍ਹਾਂ ਨੇ ਪ੍ਰਭੂ ਨੂੰ ਨਹੀਂ ਪਛਾਣਿਆ (ਪ੍ਰਭੂ ਨਾਲ ਸਾਂਝ ਨਹੀਂ ਪਾਈ) ॥੧॥ ਰਹਾਉ ॥
15003	327	ਮਰਨੋ ਮਰਨੁ ਕਹੈ ਸਭੁ ਕੋਈ॥		Marano Maran Kehai Sabh Koee ||	Everyone says, ""I will die, I will die.""	(ਦੁਨੀਆ ਵਿਚ) ਹਰੇਕ ਜੀਵ 'ਮੌਤ, ਮੌਤ' ਆਖ ਰਿਹਾ ਹੈ (ਭਾਵ, ਹਰੇਕ ਜੀਵ ਮੌਤ ਤੋਂ ਘਾਬਰ ਰਿਹਾ ਹੈ),
15004	327	ਸਹਜੇ ਮਰੈ ਅਮਰੁ ਹੋਇ ਸੋਈ॥੨॥		Sehajae Marai Amar Hoe Soee ||2||	But he alone becomes immortal, who dies with intuitive understanding. ||2||	(ਪਰ ਜੋ ਮਨੁੱਖ) ਅਡੋਲਤਾ ਵਿਚ (ਰਹਿ ਕੇ) ਦੁਨੀਆ ਦੀਆਂ ਖ਼ਾਹਸ਼ਾਂ ਤੋਂ ਬੇਪਰਵਾਹ ਹੋ ਜਾਂਦਾ ਹੈ ਉਹ ਅਮਰ ਹੋ ਜਾਂਦਾ ਹੈ (ਉਸ ਨੂੰ ਮੌਤ ਡਰਾ ਨਹੀਂ ਸਕਦੀ) ॥੨॥

15005	327	ਕਹੁ ਕਬੀਰ ਮਨਿ ਭਇਆ ਅਨੰਦਾ॥	ਭ-ਇਆ	Kahu Kabeer Man Bhaeiaa Anandhaa ||	Says Kabeer, my mind is filled with bliss;	ਕਬੀਰ ਆਖਦਾ ਹੈ- (ਗੁਰੂ ਦੀ ਕਿਰਪਾ ਨਾਲ ਮੇਰੇ) ਮਨ ਵਿਚ ਅਨੰਦ ਪੈਦਾ ਹੋ ਗਿਆ ਹੈ,
15006	327	ਗਇਆ ਭਰਮੁ ਰਹਿਆ ਪਰਮਾਨੰਦਾ॥੩॥੨੦॥	ਗ-ਇਆ	Gaeiaa Bharam Rehiaa Paramaanandhaa ||3||20||	My doubts have been eliminated, and I am in ecstasy. ||3||20||	ਮੇਰਾ ਭੁਲੇਖਾ ਦੂਰ ਹੋ ਚੁਕਾ ਹੈ, ਤੇ ਪਰਮ ਸੁਖ (ਮੇਰੇ ਹਿਰਦੇ ਵਿਚ) ਟਿਕ ਗਿਆ ਹੈ ॥੩॥੨੦॥
15007	327	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
15008	327	ਕਤ ਨਹੀ ਠਉਰ ਮੂਲੁ ਕਤ ਲਾਵਉ॥	(ਮੂਲੁ) ਦਵਾਈ। ਕਤ: ਪੋਲਾ ਬੋਲੋ	Kath Nehee Thour Mool Kath Laavo ||	There is no special place where the soul aches; where should I apply the ointment?	ਭਾਲ ਕਰਦਿਆਂ ਭੀ ਸਰੀਰ ਵਿਚ ਕਿਤੇ (ਅਜਿਹੀ ਖ਼ਾਸ) ਥਾਂ ਮੈਨੂੰ ਨਹੀਂ ਲੱਭੀ (ਜਿੱਥੇ ਬਿਰਹੋਂ ਦੀ ਪੀੜ ਦੱਸੀ ਜਾ ਸਕੇ);
15009	327	ਖੋਜਤ ਤਨ ਮਹਿ ਠਉਰ ਨ ਪਾਵਉ॥੧॥		Khojath Than Mehi Thour N Paavo ||1||	I have searched the body, but I have not found such a place. ||1||	(ਸਰੀਰ ਵਿਚ) ਕਿਤੇ (ਅਜਿਹਾ) ਥਾਂ ਨਹੀਂ ਹੈ, (ਤਾਂ ਫਿਰ) ਮੈਂ ਦਵਾਈ ਕਿੱਥੇ ਵਰਤਾਂ? (ਭਾਵ, ਕੋਈ ਬਾਹਰਲੀ ਦਵਾਈ ਪ੍ਰਭੂ ਤੋਂ ਵਿਛੋੜੇ ਦਾ ਦੁੱਖ ਦੂਰ ਕਰਨ ਦੇ ਸਮਰੱਥ ਨਹੀਂ ਹੈ) ॥੧॥
15010	327	ਲਾਗੀ ਹੋਇ ਸੁ ਜਾਨੈ ਪੀਰ॥		Laagee Hoe S Jaanai Peer ||	He alone knows it, who feels the pain of such love;	ਜਿਸ ਨੂੰ (ਪ੍ਰਭੂ ਭਗਤੀ ਦੇ ਤੀਰਾਂ ਦੇ ਲੱਗੇ ਹੋਏ ਜ਼ਖ਼ਮ ਦੀ) ਦਰਦ ਹੋ ਰਹੀ ਹੋਵੇ ਉਹੀ ਜਾਣਦਾ ਹੈ (ਕਿ ਇਹ ਪੀੜ ਕਿਹੋ ਜਿਹੀ ਹੁੰਦੀ ਹੈ),

15011	327	ਰਾਮ ਭਗਤਿ ਅਨੀਆਲੇ ਤੀਰ॥੧॥ਰਹਾਉ॥	(ਅਨੀ-ਆਲੇ) ਕੁੰਡੀਆਂ ਵਾਲੇ	Raam Bhagath Aneeaalae Theer ||1|| Rehaao ||	The arrows of the Lord's devotional worship are so sharp! ||1||Pause||	ਪ੍ਰਭੂ ਦੀ ਭਗਤੀ ਅਣੀਆਂ ਵਾਲੇ (ਅਜਿਹੇ) ਤੀਰ ਹਨ ॥੧॥ ਰਹਾਉ ॥
15012	327	ਏਕ ਭਾਇ ਦੇਖਉ ਸਭ ਨਾਰੀ॥	(ਨਾਰੀ) ਸਾਰੀ ਰਚਨਾ ਦੇ ਜੀਅ ਜੰਤ	Eaek Bhaae Dhaekho Sabh Naaree ||	I look upon all His soul-brides with an impartial eye;	ਮੈਂ ਸਾਰੀਆਂ ਜੀਵ-ਇਸਤ੍ਰੀਆਂ ਨੂੰ ਇੱਕ ਪ੍ਰਭੂ ਦੇ ਪਿਆਰ ਵਿਚ ਵੇਖ ਰਿਹਾ ਹਾਂ,
15013	327	ਕਿਆ ਜਾਨਉ ਸਹ ਕਉਨ ਪਿਆਰੀ॥੨॥		Kiaa Jaano Seh Koun Piaaree ||2||	How can I know which ones are dear to the Husband Lord? ||2||	(ਪਰ) ਮੈਂ ਕੀਹ ਜਾਣਾਂ ਕਿ ਕਿਹੜੀ (ਜੀਵ-ਇਸਤ੍ਰੀ) ਪ੍ਰਭੂ-ਪਤੀ ਦੀ ਪਿਆਰੀ ਹੈ ॥੨॥
15014	327	ਕਹੁ ਕਬੀਰ ਜਾ ਕੈ ਮਸਤਕਿ ਭਾਗੁ॥		Kahu Kabeer Jaa Kai Masathak Bhaag ||	Says Kabeer, one who has such destiny inscribed upon her forehead	ਕਬੀਰ ਆਖਦਾ ਹੈ- ਜਿਸ (ਜਗਿਆਸੂ) ਜੀਵ-ਇਸਤ੍ਰੀ ਦੇ ਮੱਥੇ ਤੇ ਚੰਗੇ ਲੇਖ ਹਨ (ਜਿਸ ਦੇ ਭਾਗ ਚੰਗੇ ਹਨ),
15015	327	ਸਭ ਪਰਹਰਿ ਤਾ ਕਉ ਮਿਲੈ ਸੁਹਾਗੁ॥੩॥੨੧॥	(ਪਰਹਰਿ) ਛੱਡ ਕੇ	Sabh Parehar Thaa Ko Milai Suhaag ||3||21||	- her Husband Lord turns all others away, and meets with her. ||3||21||	ਪਤੀ-ਪ੍ਰਭੂ ਹੋਰ ਸਾਰੀਆਂ ਨੂੰ ਛੱਡ ਕੇ ਉਸ ਨੂੰ ਆ ਮਿਲਦਾ ਹੈ (ਭਾਵ, ਹੋਰਨਾਂ ਨਾਲੋਂ ਵਧੀਕ ਉਸ ਨਾਲ ਪਿਆਰ ਕਰਦਾ ਹੈ ਤੇ ਉਸ ਦਾ ਬਿਰਹੋਂ ਦਾ ਦੁੱਖ ਦੂਰ ਹੋ ਜਾਂਦਾ ਹੈ) ॥੩॥੨੧॥
15016	328	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
15017	328	ਜਾ ਕੈ ਹਰਿ ਸਾ ਠਾਕੁਰੁ ਭਾਈ॥		Jaa Kai Har Saa Thaakur Bhaaee ||	One who has the Lord as his Master, O Siblings of Destiny	ਹੇ ਸੱਜਣ! ਜਿਸ ਮਨੁੱਖ ਦੇ ਹਿਰਦੇ-ਰੂਪ ਘਰ ਵਿਚ ਪ੍ਰਭੂ ਮਾਲਕ ਆਪ (ਮੌਜੂਦ) ਹੈ,

15018	328	ਮੁਕਤਿ ਅਨੰਤ ਪੁਕਾਰਣਿ ਜਾਈ॥੧॥		Mukath Ananth Pukaaran Jaaee ||1||	- countless liberations knock at his door. ||1||	ਮੁਕਤੀ ਉਸ ਅੱਗੇ ਆਪਣਾ ਆਪ ਅਨੇਕਾਂ ਵਾਰੀ ਭੇਟ ਕਰਦੀ ਹੈ ॥੧॥
15019	328	ਅਬ ਕਹੁ ਰਾਮ ਭਰੋਸਾ ਤੋਰਾ॥		Ab Kahu Raam Bharosaa Thoraa ||	If I say now that my trust is in You alone, Lord,	(ਹੇ ਕਬੀਰ! ਪ੍ਰਭੂ ਦੀ ਹਜ਼ੂਰੀ ਵਿਚ) ਹੁਣ ਆਖ-ਹੇ ਪ੍ਰਭੂ! ਜਿਸ ਮਨੁੱਖ ਨੂੰ ਇਕ ਤੇਰਾ ਆਸਰਾ ਹੈ,
15020	328	ਤਬ ਕਾਹੂ ਕਾ ਕਵਨੁ ਨਿਹੋਰਾ॥੧॥ਰਹਾਉ॥	(ਨਿਹੋਰਾ) ਅਹਿਸਾਨ	Thab Kaahoo Kaa Kavan Nihoraa ||1|| Rehaao ||	Then what obligation do I have to anyone else? ||1||Pause||	ਉਸ ਨੂੰ ਹੁਣ ਕਿਸੇ ਦੀ ਖ਼ੁਸ਼ਾਮਦ (ਕਰਨ ਦੀ ਲੋੜ) ਨਹੀਂ ਹੈ ॥੧॥ ਰਹਾਉ ॥
15021	328	ਤੀਨਿ ਲੋਕ ਜਾ ਕੈ ਹਹਿ ਭਾਰ॥	(ਭਾਰ) ਆਸਰੇ। ਹ-ਹਿ	Theen Lok Jaa Kai Hehi Bhaar ||	He bears the burden of the three worlds;	ਜਿਸ ਪ੍ਰਭੂ ਦੇ ਆਸਰੇ ਤ੍ਰੈਵੇ ਲੋਕ ਹਨ,
15022	328	ਸੋ ਕਾਹੇ ਨ ਕਰੈ ਪ੍ਰਤਿਪਾਰ॥੨॥		So Kaahae N Karai Prathipaar ||2||	Why should He not cherish you also? ||2||	ਉਹ (ਤੇਰੀ) ਪਾਲਣਾ ਕਿਉਂ ਨ ਕਰੇਗਾ? ॥੨॥
15023	328	ਕਹੁ ਕਬੀਰ ਇਕ ਬੁਧਿ ਬੀਚਾਰੀ॥		Kahu Kabeer Eik Budhh Beechaaree ||	Says Kabeer, through contemplation, I have obtained this one understanding.	ਕਬੀਰ ਆਖਦਾ ਹੈ- ਅਸਾਂ ਇਕ ਸੋਚ ਸੋਚੀ ਹੈ;

15024	328	ਕਿਆ ਬਸੁ ਜਉ ਬਿਖੁ ਦੇ ਮਹਤਾਰੀ॥੩॥੨੨॥	(ਮਹ-ਤਾਰੀ) ਮਾਂ। ਬੱਸੁ। ਬਿਖੁ: ਪੋਲਾ ਬੋਲੋ	Kiaa Bas Jo Bikh Dhae Mehathaaree ||3||22||	If the mother poisons her own child, what can anyone do? ||3||22||	(ਉਹ ਇਹ ਹੈ ਕਿ) ਜੇ ਮਾਂ ਹੀ ਜ਼ਹਿਰ ਦੇਣ ਲੱਗੇ ਤਾਂ (ਪੁੱਤਰ ਦਾ) ਕੋਈ ਜ਼ੋਰ ਨਹੀਂ ਚੱਲ ਸਕਦਾ ॥੩॥੨੨॥
15025	328	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
15026	328	ਬਿਨੁ ਸਤ ਸਤੀ ਹੋਇ ਕੈਸੇ ਨਾਰਿ॥	ਸਤ ਸਤੀ: ਪੋਲੇ ਬੋਲੋ	Bin Sath Sathee Hoe Kaisae Naar ||	Without Truth, how can the woman be a true satee - a widow who burns herself on her husband's funeral pyre?	ਭਲਾ ਸਤਿ-ਧਰਮ ਤੋਂ ਬਿਨਾ ਕੋਈ ਇਸਤ੍ਰੀ ਸਤੀ ਕਿਵੇਂ ਬਣ ਸਕਦੀ ਹੈ?
15027	328	ਪੰਡਿਤ ਦੇਖਹੁ ਰਿਦੈ ਬੀਚਾਰਿ॥੧॥		Panddith Dhaekhahu Ridhai Beechaar ||1||	O Pandit, O religious scholar, see this and contemplate it within your heart. ||1||	ਹੇ ਪੰਡਿਤ! ਮਨ ਵਿਚ ਵਿਚਾਰ ਕੇ ਵੇਖ ॥੧॥
15028	328	ਪ੍ਰੀਤਿ ਬਿਨਾ ਕੈਸੇ ਬਧੈ ਸਨੇਹੁ॥	ਬਧੈ: ਪੋਲਾ ਬੋਲੋ	Preeth Binaa Kaisae Badhhai Sanaehu ||	Without love, how can one's affection increase?	(ਇਸੇ ਤਰ੍ਹਾਂ ਹਿਰਦੇ ਵਿਚ) ਪ੍ਰੀਤ ਤੋਂ ਬਿਨਾ (ਪ੍ਰਭੂ-ਪਤੀ ਨਾਲ) ਪਿਆਰ ਕਿਵੇਂ ਬਣ ਸਕਦਾ ਹੈ?
15029	328	ਜਬ ਲਗੁ ਰਸੁ ਤਬ ਲਗੁ ਨਹੀ ਨੇਹੁ॥੧॥ਰਹਾਉ॥	ਲੱਗੁ	Jab Lag Ras Thab Lag Nehee Naehu ||1|| Rehaao ||	As long as there is attachment to pleasure, there can be no spiritual love. ||1||Pause||	ਜਦ ਤਾਈਂ (ਮਨ ਵਿਚ) ਮਾਇਆ ਦਾ ਚਸਕਾ ਹੈ, ਤਦ ਤਾਈਂ (ਪਤੀ ਪਰਮਾਤਮਾ ਨਾਲ) ਪਿਆਰ ਨਹੀਂ ਹੋ ਸਕਦਾ ॥੧॥ ਰਹਾਉ ॥

15030	328	ਸਾਹਨਿ ਸਤੁ ਕਰੈ ਜੀਅ ਅਪਨੈ॥	(ਸਾਹਨਿ) ਸ਼ਾਹੂਕਾਰਨੀ, ਮਾਇਆ। ਸੱਤੁ	Saahan Sath Karai Jeea Apanai ||	One who, in his own soul, believes the Queen Maya to be true,	ਜੋ ਮਨੁੱਖ ਮਾਇਆ ਨੂੰ ਹੀ ਆਪਣੇ ਹਿਰਦੇ ਵਿਚ ਸੱਤ ਸਮਝਦਾ ਹੈ,
15031	328	ਸੋ ਰਮਯੇ ਕਉ ਮਿਲੈ ਨ ਸੁਪਨੈ॥੨॥	ਰ-ਮਯੇ: ਯੇ ਤਾਲੂ ਤੋਂ ਬੋਲੋ	So Ramayae Ko Milai N Supanai ||2||	Does not meet the Lord, even in dreams. ||2||	ਉਹ ਪ੍ਰਭੂ ਨੂੰ ਸੁਪਨੇ ਵਿਚ ਭੀ (ਭਾਵ, ਕਦੇ ਭੀ) ਨਹੀਂ ਮਿਲ ਸਕਦਾ ॥੨॥
15032	328	ਤਨੁ ਮਨੁ ਧਨੁ ਗ੍ਰਿਹੁ ਸਉਪਿ ਸਰੀਰੁ॥		Than Man Dhhan Grihu Soup Sareer ||	One who surrenders her body, mind, wealth, home and self	ਜੋ ਆਪਣਾ ਤਨ, ਮਨ, ਧਨ, ਘਰ ਤੇ ਸਰੀਰ (ਆਪਣੇ ਪਤੀ ਦੇ) ਹਵਾਲੇ ਕਰ ਦੇਂਦੀ ਹੈ,
15033	328	ਸੋਈ ਸੁਹਾਗਨਿ ਕਹੈ ਕਬੀਰੁ॥੩॥੨੩॥		Soee Suhaagan Kehai Kabeer ||3||23||	- she is the true soul-bride, says Kabeer. ||3||23||	ਕਬੀਰ ਆਖਦਾ ਹੈ-ਉਹੋ (ਜੀਵ-) ਇਸਤ੍ਰੀ ਭਾਗਾਂ ਵਾਲੀ ਹੈ ॥੩॥੨੩॥
15034	328	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
15035	328	ਬਿਖਿਆ ਬਿਆਪਿਆ ਸਗਲ ਸੰਸਾਰੁ॥		Bikhiaa Biaapiaa Sagal Sansaar ||	The whole world is engrossed in corruption.	ਸਾਰਾ ਜਹਾਨ ਹੀ ਮਾਇਆ (ਦੇ ਪ੍ਰਭਾਵ) ਨਾਲ ਨੱਪਿਆ ਹੋਇਆ ਹੈ;
15036	328	ਬਿਖਿਆ ਲੈ ਡੂਬੀ ਪਰਵਾਰੁ॥੧॥		Bikhiaa Lai Ddoobee Paravaar ||1||	This corruption has drowned entire families. ||1||	ਮਾਇਆ ਸਾਰੇ ਹੀ ਕਟੁੰਬ ਨੂੰ (ਸਾਰੇ ਹੀ ਜੀਵਾਂ ਨੂੰ) ਡੋਬੀ ਬੈਠੀ ਹੈ ॥੧॥

15037	328	ਰੇ ਨਰ ਨਾਵ ਚਉਰਿ ਕਤ ਬੋੜੀ॥	(ਚਉਰਿ) ਰੜੇ ਮੈਦਾਨ ਚ, ਚੌੜ ਚਪੱਟੂਆ। (ਕਤ) ਕਿੱਥੇ।(ਬੋੜੀ) ਡੋਬ ਲਈ	Rae Nar Naav Chourr Kath Borree ||	O man, why have you wrecked your boat and sunk it?	ਹੇ ਮਨੁੱਖ! ਤੂੰ (ਆਪਣੀ ਜ਼ਿੰਦਗੀ ਦੀ) ਬੇੜੀ ਕਿਉਂ ਰੜੇ ਥਾਂ ਤੇ ਹੀ ਡੋਬ ਲਈ ਹੈ?
15038	328	ਹਰਿ ਸਿਉ ਤੋੜਿ ਬਿਖਿਆ ਸੰਗਿ ਜੋੜੀ॥੧॥ਰਹਾਉ॥		Har Sio Thorr Bikhiaa Sang Jorree ||1|| Rehaao ||	You have broken with the Lord, and joined hands with corruption. ||1||Pause||	ਤੂੰ ਪ੍ਰਭੂ ਨਾਲੋਂ ਪ੍ਰੀਤ ਤੋੜ ਕੇ ਮਾਇਆ ਨਾਲ ਗੰਢੀ ਬੈਠਾ ਹੈਂ ॥੧॥ ਰਹਾਉ ॥
15039	328	ਸੁਰਿ ਨਰ ਦਾਧੇ ਲਾਗੀ ਆਗਿ॥	(ਦੱਾਧੇ) ਸੜੇ	Sur Nar Dhaadhhae Laagee Aag ||	Angels and human beings alike are burning in the raging fire.	(ਸਾਰੇ ਜਗਤ ਵਿਚ ਮਾਇਆ ਦੀ ਤ੍ਰਿਸ਼ਨਾ ਦੀ) ਅੱਗ ਲੱਗੀ ਹੋਈ ਹੈ (ਜਿਸ ਵਿਚ) ਦੇਵਤੇ ਤੇ ਮਨੁੱਖ ਸੜ ਰਹੇ ਹਨ।
15040	328	ਨਿਕਟਿ ਨੀਰੁ ਪਸੁ ਪੀਵਸਿ ਨ ਝਾਗਿ॥੨॥	(ਝਾਗਿ) ਉੱਦਮ ਕਰਕੇ। ਪਸੁ: ਪੋਲਾ ਬੋਲੋ	Nikatt Neer Pas Peevas N Jhaag ||2||	The water is near at hand, but the beast does not drink it in. ||2||	(ਇਸ ਅੱਗ ਨੂੰ ਸ਼ਾਂਤ ਕਰਨ ਲਈ ਨਾਮ-ਰੂਪ) ਪਾਣੀ ਭੀ ਨੇੜੇ ਹੀ ਹੈ, ਪਰ (ਇਹ) ਪਸ਼ੂ (ਜੀਵ) ਉੱਦਮ ਕਰ ਕੇ ਪੀਂਦਾ ਨਹੀਂ ਹੈ ॥੨॥
15041	328	ਚੇਤਤ ਚੇਤਤ ਨਿਕਸਿਓ ਨੀਰੁ॥		Chaethath Chaethath Nikasiou Neer ||	By constant contemplation and awareness, the water is brought forth.	(ਉਹ ਨਾਮ-ਰੂਪ) ਪਾਣੀ ਸਿਮਰਨ ਕਰਦਿਆਂ ਕਰਦਿਆਂ ਹੀ (ਮਨੁੱਖ ਦੇ ਹਿਰਦੇ ਵਿਚ) ਪਰਗਟ ਹੁੰਦਾ ਹੈ।
15042	328	ਸੋ ਜਲੁ ਨਿਰਮਲੁ ਕਥਤ ਕਬੀਰੁ॥੩॥੨੪॥	ਕਥਤ:ਪੋਲਾ ਬੋਲੋ	So Jal Niramal Kathhath Kabeer ||3||24||	That water is immaculate and pure, says Kabeer. ||3||24||	ਕਬੀਰ ਆਖਦਾ ਹੈ- ਉਹ (ਅੰਮ੍ਰਿਤ-) ਜਲ ਪਵਿੱਤਰ ਹੁੰਦਾ ਹੈ, (ਤ੍ਰਿਸ਼ਨਾ ਦੀ ਅੱਗ ਉਸੇ ਜਲ ਨਾਲ ਬੁਝ ਸਕਦੀ ਹੈ) ॥੩॥੨੪॥

15043	328	ਗਉੜੀ ਕਬੀਰ ਜੀ॥	ਕੁਲਿ: ਪੋਲਾ ਬੋਲੋ	Gourree Kabeer Jee ||	Gauree, Kabeer Jee:	
15044	328	ਜਿਹ ਕੁਲਿ ਪੂਤੁ ਨ ਗਿਆਨ ਬੀਚਾਰੀ॥		Jih Kul Pooth N Giaan Beechaaree ||	That family, whose son has no spiritual wisdom or contemplation	ਜਿਸ ਕੁਲ ਵਿਚ ਗਿਆਨ ਦੀ ਵਿਚਾਰ ਕਰਨ ਵਾਲਾ (ਕੋਈ) ਪੁੱਤਰ ਨਹੀਂ (ਜੰਮਿਆ),
15045	328	ਬਿਧਵਾ ਕਸ ਨ ਭਈ ਮਹਤਾਰੀ॥੧॥	(ਕਸ) ਕਿਉਂ। (ਮਹਤਾਰੀ) ਮਾਂ	Bidhhavaa Kas N Bhee Mehathaaree ||1||	- why didn't his mother just become a widow? ||1||	ਉਸ ਦੀ ਮਾਂ ਰੰਡੀ ਕਿਉਂ ਨ ਹੋ ਗਈ? ॥੧॥
15046	328	ਜਿਹ ਨਰ ਰਾਮ ਭਗਤਿ ਨਹਿ ਸਾਧੀ॥	ਸਾੱਧੀ	Jih Nar Raam Bhagath Nehi Saadhhee ||	That man who has not practiced devotional worship of the Lord	ਜਿਸ ਮਨੁੱਖ ਨੇ ਪ੍ਰਭੂ ਦੀ ਬੰਦਗ਼ੀ ਨਹੀਂ ਕੀਤੀ,
15047	328	ਜਨਮਤ ਕਸ ਨ ਮੁਓ ਅਪਰਾਧੀ॥੧॥ਰਹਾਉ॥		Janamath Kas N Muou Aparaadhhee ||1|| Rehaao ||	- why didn't such a sinful man die at birth? ||1||Pause||	ਉਹ ਅਪਰਾਧੀ ਜੰਮਦਾ ਹੀ ਕਿਉਂ ਨਹੀਂ ਮਰ ਗਿਆ? ॥੧॥ ਰਹਾਉ ॥
15048	328	ਮੁਚੁ ਮੁਚੁ ਗਰਭ ਗਏ ਕੀਨ ਬਚਿਆ॥	ਮੁਚੁ:ਪੋਲਾ ਬੋਲੋ (ਮੁਚੁ) ਬਹੁਤੇ ਜੀਅ।(ਗਰਭ) ਪੇਟ ਚੋਂ ਛਣ ਗਏ।(ਕੀਨ) ਕਿਉਂ	Much Much Garabh Geae Keen Bachiaa ||	So many pregnancies end in miscarriage - why was this one spared?	(ਸੰਸਾਰ ਵਿਚ) ਕਈ ਗਰਭ ਛਣ ਗਏ ਹਨ, ਇਹ (ਬੰਦਗੀ-ਹੀਣ ਚੰਦਰਾ) ਕਿਉਂ ਬਚ ਰਿਹਾ?

15049	328	ਬੁਡਭੁਜ ਰੂਪ ਜੀਵੇ ਜਗ ਮਝਿਆ॥੨॥	(ਬੁੱਡਭੁਜ) ਬਾਂਹਾਂ ਤੱਕ ਡੁੱਬਿਆ, ਕੁਸ਼ਟੀ ਰੂਪ। ਜੱਗ (ਮੱਝਿਆ) ਵਿੱਚ	Buddabhuj Roop Jeevae Jag Majhiaa ||2||	He lives his life in this world like a deformed amputee. ||2||	(ਬੰਦਗੀ ਤੋਂ ਸੱਖਣਾ ਇਹ) ਜਗਤ ਵਿਚ ਇਕ ਕੋੜ੍ਹੀ ਜੀਊ ਰਿਹਾ ਹੈ ॥੨॥
15050	328	ਕਹੁ ਕਬੀਰ ਜੈਸੇ ਸੁੰਦਰ ਸਰੂਪ॥		Kahu Kabeer Jaisae Sundhar Saroop ||	Says Kabeer, without the Naam, the Name of the Lord,	ਕਬੀਰ ਆਖਦਾ ਹੈ- ਜੋ ਮਨੁੱਖ ਨਾਮ ਤੋਂ ਸੱਖਣੇ ਹਨ, ਉਹ (ਭਾਵੇਂ ਵੇਖਣ ਨੂੰ) ਸੋਹਣੇ ਰੂਪ ਵਾਲੇ ਹਨ
15051	328	ਨਾਮ ਬਿਨਾ ਜੈਸੇ ਕੁਬਜ ਕੁਰੂਪ॥੩॥੨੫॥	ਕੁਬ-ਜ:ਪੋਲਾ ਬੋਲੋ। (ਕੁਬਜ) ਕੁੱਬਾ	Naam Binaa Jaisae Kubaj Kuroop ||3||25||	Beautiful and handsome people are just ugly hunch-backs. ||3||25||	ਪਰ ਨਾਮ ਤੋਂ ਸੱਖਣੇ (ਅਸਲ ਵਿਚ) ਕੁੱਬੇ ਤੇ ਬਦ-ਸ਼ਕਲ ਹਨ ॥੩॥੨੫॥
15052	328	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
15053	328	ਜੋ ਜਨ ਲੇਹਿ ਖਸਮ ਕਾ ਨਾਉ॥		Jo Jan Laehi Khasam Kaa Naao ||	I am forever a sacrifice to those humble beings	ਜੋ ਮਨੁੱਖ ਮਾਲਕ ਪ੍ਰਭੂ ਦਾ ਨਾਮ ਜਪਦੇ ਹਨ,
15054	328	ਤਿਨ ਕੈ ਸਦ ਬਲਿਹਾਰੈ ਜਾਉ॥੧॥		Thin Kai Sadh Balihaarai Jaao ||1||	Who take the Name of their Lord and Master. ||1||	ਮੈਂ ਸਦਾ ਉਹਨਾਂ ਤੋਂ ਸਦਕੇ ਜਾਂਦਾ ਹਾਂ ॥੧॥
15055	328	ਸੋ ਨਿਰਮਲੁ ਨਿਰਮਲ ਹਰਿ ਗੁਨ ਗਾਵੈ॥		So Niramal Niramal Har Gun Gaavai ||	Those who sing the Glorious Praises of the Pure Lord are pure.	ਜੋ ਵੀਰ ਪ੍ਰਭੂ ਦੇ ਸੁਹਣੇ (ਨਿਰਮਲ) ਗੁਣ ਗਾਂਦਾ ਹੈ, ਉਹ ਪਵਿੱਤਰ ਹੈ,

15056	328	ਸੋ ਭਾਈ ਮੇਰੈ ਮਨਿ ਭਾਵੈ॥੧॥ਰਹਾਉ॥		So Bhaaee Maerai Man Bhaavai ||1|| Rehaao ||	They are my Siblings of Destiny, so dear to my heart. ||1||Pause||	ਤੇ ਉਹ ਮੇਰੇ ਮਨ ਵਿਚ ਪਿਆਰਾ ਲੱਗਦਾ ਹੈ ॥੧॥ ਰਹਾਉ ॥
15057	328	ਜਿਹ ਘਟ ਰਾਮੁ ਰਹਿਆ ਭਰਪੂਰਿ॥		Jih Ghatt Raam Rehiaa Bharapoor ||	I am the dust of the lotus feet of those	ਜਿਨ੍ਹਾਂ ਮਨੁੱਖਾਂ ਦੇ ਹਿਰਦਿਆਂ ਵਿਚ ਪ੍ਰਭੂ ਪਰਗਟ ਹੋ ਗਿਆ ਹੈ,
15058	328	ਤਿਨ ਕੀ ਪਗ ਪੰਕਜ ਹਮ ਧੂਰਿ॥੨॥	(ਪੰਕਜ) ਕਵਲ। ਪਗ: ਪੋਲਾ ਬੋਲੋ	Thin Kee Pag Pankaj Ham Dhhoor ||2||	Whose hearts are filled with the All-pervading Lord. ||2||	ਉਹਨਾਂ ਦੇ ਕੋਲ ਫੁੱਲ ਵਰਗੇ (ਸੁਹਣੇ) ਚਰਨਾਂ ਦੀ ਅਸੀਂ ਧੂੜ ਹਾਂ (ਭਾਵ, ਚਰਨਾਂ ਤੋਂ ਸਦਕੇ ਹਾਂ) ॥੨॥
15059	328	ਜਾਤਿ ਜੁਲਾਹਾ ਮਤਿ ਕਾ ਧੀਰੁ॥	(ਧੀਰੁ) ਧੀਰਜ ਵਾਲਾ	Jaath Julaahaa Math Kaa Dhheer ||	I am a weaver by birth, and patient of mind.	ਕਬੀਰ ਭਾਵੇਂ ਜਾਤ ਦਾ ਜੁਲਾਹਾ ਹੈ, ਪਰ ਮੱਤ ਦਾ ਧੀਰਜ ਵਾਲਾ ਹੈ,
15060	328	ਸਹਜਿ ਸਹਜਿ ਗੁਣ ਰਮੈ ਕਬੀਰੁ॥੩॥੨੬॥	(ਰਮੈ) ਸਿਮਰਦਾ	Sehaj Sehaj Gun Ramai Kabeer ||3||26||	Slowly, steadily, Kabeer chants the Glories of God. ||3||26||	(ਕਿਉਂਕਿ) ਅਡੋਲਤਾ ਵਿਚ ਰਹਿ ਕੇ (ਪ੍ਰਭੂ ਦੇ) ਗੁਣ ਗਾਂਦਾ ਹੈ ॥੩॥੨੬॥
15061	328	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	

15062	328	ਗਗਨਿ ਰਸਾਲ ਚੁਐ ਮੇਰੀ ਭਾਠੀ॥	ਭੱਾਠੀ	Gagan Rasaal Chuai Maeree Bhaathee ||	From the Sky of the Tenth Gate, the nectar trickles down, distilled from my furnace.	ਮੇਰੀ ਗਗਨ-ਰੂਪ ਭੱਠੀ ਵਿਚੋਂ ਸੁਆਦਲਾ ਅੰਮ੍ਰਿਤ ਚੋ ਰਿਹਾ ਹੈ (ਭਾਵ, ਜਿਉਂ ਜਿਉਂ ਮੇਰਾ ਮਨ ਪ੍ਰਭੂ ਦੀ ਯਾਦ ਵਿਚ ਜੁੜਦਾ ਹੈ, ਉਸ ਯਾਦ ਵਿਚ ਜੁੜੇ ਰਹਿਣ ਦੀ ਇਕ-ਤਾਰ ਲਗਨ, ਮਾਨੋ, ਅੰਮ੍ਰਿਤ ਦੀ ਧਾਰ ਨਿਕਲਣੀ ਸ਼ੁਰੂ ਹੋ ਜਾਂਦੀ ਹੈ),
15063	328	ਸੰਚਿ ਮਹਾ ਰਸੁ ਤਨੁ ਭਇਆ ਕਾਠੀ॥੧॥	(ਕਾਠੀ) ਲੱਕੜਾਂ। ਭ–ਇਆ	Sanch Mehaa Ras Than Bhaeiaa Kaathee ||1||	I have gathered in this most sublime essence, making my body into firewood. ||1||	ਇਸ ਉੱਚੇ ਨਾਮ-ਰਸ ਨੂੰ ਇਕੱਠਾ ਕਰਨ ਕਰਕੇ ਸਰੀਰ (ਦੀ ਮਮਤਾ) ਲੱਕੜੀਆਂ ਦਾ ਕੰਮ ਦੇ ਰਹੀ ਹੈ (ਭਾਵ, ਸਰੀਰ ਦੀ ਮਮਤਾ ਸੜ ਗਈ ਹੈ) ॥੧॥
15064	328	ਉਆ ਕਉ ਕਹੀਐ ਸਹਜ ਮਤਵਾਰਾ॥	(ਮਤਵਾਰਾ) ਮਸਤ	Ouaa Ko Keheeai Sehaj Mathavaaraa ||	He alone is called intoxicated with intuitive peace and poise,	ਉਸ ਨੂੰ ਕੁਦਰਤੀ ਤੌਰ ਤੇ (ਭਾਵ, ਸੁਭਾਵਿਕ ਹੀ) ਮਸਤ ਹੋਇਆ ਹੋਇਆ ਆਖੀਦਾ ਹੈ,
15065	328	ਪੀਵਤ ਰਾਮ ਰਸੁ ਗਿਆਨ ਬੀਚਾਰਾ॥੧॥ਰਹਾਉ ॥		Peevath Raam Ras Giaan Beechaaraa ||1|| Rehaao ||	Who drinks in the juice of the Lord's essence, contemplating spiritual wisdom. ||1||Pause||	ਜਿਸ ਮਨੁੱਖ ਨੇ ਗਿਆਨ ਦੇ ਵਿਚਾਰ ਦੀ ਰਾਹੀਂ (ਭਾਵ, ਸੁਰਤ ਮਾਇਆ ਤੋਂ ਉੱਚੀ ਕਰ ਕੇ) ਰਾਮ-ਰਸ ਪੀਤਾ ਹੈ ॥੧॥ ਰਹਾਉ ॥

15066	328	ਸਹਜ ਕਲਾਲਨਿ ਜਉ ਮਿਲਿ ਆਈ॥	(ਕਲਾਲਨਿ) ਸ਼ਰਾਬ ਕੱਢਣ ਵਾਲੀ ਮੱਟੀ	Sehaj Kalaalan Jo Mil Aaee ||	Intuitive poise is the bar-maid who comes to serve it.	ਜਦੋਂ ਸਹਿਜ ਅਵਸਥਾ-ਰੂਪ ਸ਼ਰਾਬ ਪਿਲਾਉਣ ਵਾਲੀ ਆ ਮਿਲਦੀ ਹੈ,
15067	328	ਆਨੰਦਿ ਮਾਤੇ ਅਨ ਦਿਨੁ ਜਾਈ॥੨॥	ਆ-ਨੰਦਿ	Aanandh Maathae Anadhin Jaaee ||2||	I pass my nights and days in ecstasy. ||2||	ਤਦੋਂ ਅਨੰਦ ਵਿਚ ਮਸਤ ਹੋ ਕੇ (ਉਮਰ ਦਾ) ਹਰੇਕ ਦਿਨ ਬੀਤਦਾ ਹੈ (ਭਾਵ, ਨਾਮ ਸਿਮਰਦਿਆਂ ਮਨ ਵਿਚ ਇਕ ਐਸੀ ਹਾਲਤ ਪੈਦਾ ਹੁੰਦੀ ਹੈ ਜਿੱਥੇ ਮਨ ਮਾਇਆ ਦੇ ਝਕੋਲਿਆਂ ਵਿਚ ਡੋਲਦਾ ਨਹੀਂ। ਇਸ ਹਾਲਤ ਨੂੰ ਸਹਿਜ ਅਵਸਥਾ ਕਹੀਦਾ ਹੈ; ਇਹ ਸਹਿਜ ਅਵਸਥਾ, ਮਾਨੋ, ਇਕ ਕਲਾਲਣ ਹੈ, ਜੋ ਨਾਮ ਦਾ ਨਸ਼ਾ ਦੇਈ ਜਾਂਦੀ ਹੈ; ਇਸ ਨਸ਼ੇ ਤੋਂ ਵਿਛੜਨ ਨੂੰ ਚਿੱਤ ਨਹੀਂ ਕਰਦਾ, ਤੇ ਮੁੜ ਮੁੜ ਨਾਮ ਦੀ ਲਿਵ ਵਿਚ ਹੀ ਟਿਕੇ ਰਹੀਦਾ ਹੈ) ॥੨॥
15068	328	ਚੀਨਤ ਚੀਤੁ ਨਿਰੰਜਨ ਲਾਇਆ॥	(ਚੀਨਤ) ਪਛਾਣ ਕੇ	Cheenath Cheeth Niranjan Laaeiaa ||	Through conscious meditation, I linked my consciousness with the Immaculate Lord.	(ਇਸ ਤਰ੍ਹਾਂ) ਆਨੰਦ ਮਾਣ ਮਾਣ ਕੇ ਜਦੋਂ ਮੈਂ ਆਪਣਾ ਮਨ ਨਿਰੰਕਾਰ ਨਾਲ ਜੋੜਿਆ,

15069	328	ਕਹੁ ਕਬੀਰ ਤੋ ਅਨਭਉ ਪਾਇਆ॥੩॥੨੭॥	(ਅਨ-ਭਉ) ਵਾਹਿਗੁਰੂ ਜੀ	Kahu Kabeer Tha Anabho Paaeiaa ||3||27||	Says Kabeer, then I obtained the Fearless Lord. ||3||27||	ਕਬੀਰ ਆਖਦਾ ਹੈ- ਤਾਂ ਮੈਨੂੰ ਅੰਦਰਲਾ ਚਾਨਣ ਲੱਭ ਪਿਆ ॥੩॥੨੭॥
15070	328	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
15071	328	ਮਨ ਕਾ ਸੁਭਾਉ ਮਨਹਿ ਬਿਆਪੀ॥		Man Kaa Subhaao Manehi Biaapee ||	The natural tendency of the mind is to chase the mind.	(ਹਰੇਕ ਮਨੁੱਖ ਦੇ) ਮਨ ਦੀ ਅੰਦਰਲੀ ਲਗਨ (ਜੋ ਭੀ ਹੋਵੇ ਉਹ ਉਸ ਮਨੁੱਖ ਦੇ) ਸਾਰੇ ਮਨ (ਭਾਵ, ਮਨ ਦੀ ਸਾਰੀ ਦੌੜ-ਭੱਜ, ਸਾਰੇ ਮਨੁੱਖੀ ਜੀਵਨ) ਉਤੇ ਪ੍ਰਭਾਵ ਪਾ ਰੱਖਦੀ ਹੈ,
15072	329	ਮਨਹਿ ਮਾਰਿ ਕਵਨ ਸਿਧਿ ਥਾਪੀ॥੧॥	ਮਨ-ਹਿ ਸਿੱਧਿ	Manehi Maar Kavan Sidhh Thhaapee ||1||	Who has established himself as a Siddha, a being of miraculous spiritual powers, by killing his mind? ||1||	(ਤਾਂ ਫਿਰ) ਮਨ ਨੂੰ ਮਾਰ ਕੇ ਕਿਹੜੀ ਕਮਾਈ ਕਰ ਲਈਦੀ ਹੈ, (ਭਾਵ, ਕੋਈ ਕਾਮਯਾਬੀ ਵਾਲੀ ਗੱਲ ਨਹੀਂ ਹੁੰਦੀ) ॥੧॥
15073	329	ਕਵਨੁ ਸੁ ਮੁਨਿ ਜੋ ਮਨੁ ਮਾਰੈ॥		Kavan S Mun Jo Man Maarai ||	Who is that silent sage, who has killed his mind?	ਉਹ ਕਿਹੜਾ ਮੁਨੀ ਹੈ ਜੋ ਮਨ ਨੂੰ ਮਾਰਦਾ ਹੈ?
15074	329	ਮਨ ਕਉ ਮਾਰਿ ਕਹਹੁ ਕਿਸੁ ਤਾਰੈ॥੧॥ਰਹਾਉ॥	ਕਹ-ਹੁ	Man Ko Maar Kehahu Kis Thaarai ||1|| Rehaao ||	By killing the mind, tell me, who is saved? ||1||Pause||	ਦੱਸੋ, ਮਨ ਨੂੰ ਮਾਰ ਕੇ ਉਹ ਕਿਸ ਨੂੰ ਤਾਰਦਾ ਹੈ? ॥੧॥ ਰਹਾਉ ॥

15075	329	ਮਨ ਅੰਤਰਿ ਬੋਲੈ ਸਭੁ ਕੋਈ॥		Man Anthar Bolai Sabh Koee ||	Everyone speaks through the mind.	ਹਰੇਕ ਮਨੁੱਖ ਮਨ ਦਾ ਪ੍ਰੇਰਿਆ ਹੋਇਆ ਹੀ ਬੋਲਦਾ ਹੈ (ਭਾਵ, ਜੋ ਚੰਗੇ ਮੰਦੇ ਕੰਮ ਮਨੁੱਖ ਕਰਦਾ ਹੈ, ਉਹਨਾਂ ਲਈ ਪ੍ਰੇਰਨਾ ਮਨ ਵਲੋਂ ਹੀ ਹੁੰਦੀ ਹੈ;
15076	329	ਮਨ ਮਾਰੇ ਬਿਨੁ ਭਗਤਿ ਨ ਹੋਈ॥੨॥		Man Maarae Bin Bhagath N Hoee ||2||	Without killing the mind, devotional worship is not performed. ||2||	ਇਸ ਵਾਸਤੇ) ਮਨ ਨੂੰ ਮਾਰਨ ਤੋਂ ਬਿਨਾ (ਭਾਵ, ਮਨ ਨੂੰ ਵਿਕਾਰਾਂ ਤੋਂ ਹੋੜਨ ਤੋਂ ਬਿਨਾ) ਭਗਤੀ (ਭੀ) ਨਹੀਂ ਹੋ ਸਕਦੀ ॥੨॥
15077	329	ਕਹੁ ਕਬੀਰ ਜੋ ਜਾਨੈ ਭੇਉ॥		Kahu Kabeer Jo Jaanai Bhaeo ||	Says Kabeer, one who knows the secret of this mystery,	ਕਬੀਰ ਆਖਦਾ ਹੈ- ਜੋ ਮਨੁੱਖ ਇਸ ਰਮਜ਼ ਨੂੰ ਸਮਝਦਾ ਹੈ,
15078	329	ਮਨੁ ਮਧੁਸੂਦਨੁ ਤ੍ਰਿਭਵਣ ਦੇਉ॥੩॥੨੮॥	ਮਧੁ-ਸੂਦਨੁ:ਪੋਲਾ ਬੋਲੋ। (ਮਧੁਸੂਦਨੁ) ਪ੍ਰਭੂ। (ਦੇਉ) ਪ੍ਰਕਾਸ਼ਕ	Man Madhhusoodhan Thribhavan Dhaeo ||3||28||	Beholds within his own mind the Lord of the three worlds. ||3||28||	ਉਸ ਦਾ ਮਨ ਤਿੰਨਾਂ ਲੋਕਾਂ ਨੂੰ ਚਾਨਣ ਦੇਣ ਵਾਲੇ ਪਰਮਾਤਮਾ ਦਾ ਰੂਪ ਹੋ ਜਾਂਦਾ ਹੈ ॥੩॥੨੮॥
15079	329	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
15080	329	ਓਇ ਜੁ ਦੀਸਹਿ ਅੰਬਰਿ ਤਾਰੇ॥	ਦੀਸਹਿ	Oue J Dheesehi Anbar Thaarae ||	The stars which are seen in the sky	ਉਹ ਤਾਰੇ ਜੋ ਅਕਾਸ਼ ਵਿਚ ਦਿੱਸ ਰਹੇ ਹਨ,
15081	329	ਕਿਨਿ ਓਇ ਚੀਤੇ ਚੀਤਨਹਾਰੇ॥੧॥	(ਚੀਤੇ) ਚਿਤ੍ਰੇ, ਰਚੇ। ਚੀਤਨ-ਹਾਰੇ	Kin Oue Cheethae Cheethanehaarae ||1||	- who is the painter who painted them? ||1||	ਕਿਸ ਚਿੱਤ੍ਰਕਾਰ ਨੇ ਚਿੱਤਰੇ ਹਨ? ॥੧॥

15082	329	ਕਹੁ ਰੇ ਪੰਡਿਤ ਅੰਬਰੁ ਕਾ ਸਿਉ ਲਾਗਾ॥		Kahu Rae Panddith Anbar Kaa Sio Laagaa ||	Tell me, O Pandit, what is the sky attached to?	ਦੱਸ, ਹੇ ਪੰਡਿਤ! ਅਕਾਸ਼ ਕਿਸ ਦੇ ਸਹਾਰੇ ਹੈ?
15083	329	ਬੂਝੈ ਬੂਝਨਹਾਰੁ ਸਭਾਗਾ॥੧॥ਰਹਾਉ॥		Boojhai Boojhanehaar Sabhaagaa ||1|| Rehaao ||	Very fortunate is the knower who knows this. ||1||Pause||	ਕੋਈ ਭਾਗਾਂ ਵਾਲਾ ਸਿਆਣਾ ਬੰਦਾ ਹੀ ਇਸ (ਰਮਜ਼ ਨੂੰ) ਸਮਝਦਾ ਹੈ ॥੧॥ ਰਹਾਉ ॥
15084	329	ਸੂਰਜ ਚੰਦੁ ਕਰਹਿ ਉਜੀਆਰਾ॥	ਕਰ-ਹਿ ਉਜੀ-ਆਰਾ	Sooraj Chandh Karehi Oujeeaaraa ||	The sun and the moon give their light;	(ਇਹ ਜੋ) ਸੂਰਜ ਤੇ ਚੰਦ੍ਰਮਾ (ਆਦਿਕ ਜਗਤ ਵਿਚ) ਚਾਨਣ ਕਰ ਰਹੇ ਹਨ,
15085	329	ਸਭ ਮਹਿ ਪਸਰਿਆ ਬ੍ਰਹਮ ਪਸਾਰਾ॥੨॥		Sabh Mehi Pasariaa Breham Pasaaraa ||2||	God's creative extension extends everywhere. ||2||	(ਇਹਨਾਂ) ਸਭਨਾਂ ਵਿਚ ਪ੍ਰਭੂ ਦੀ ਜੋਤਿ ਦਾ (ਹੀ) ਪ੍ਰਕਾਸ਼ ਖਿਲਰਿਆ ਹੋਇਆ ਹੈ ॥੨॥
15086	329	ਕਹੁ ਕਬੀਰ ਜਾਨੈਗਾ ਸੋਇ॥		Kahu Kabeer Jaanaigaa Soe ||	Says Kabeer, he alone knows this,	ਕਬੀਰ ਆਖਦਾ ਹੈ- (ਇਸ ਭੇਤ ਨੂੰ) ਓਹੀ ਮਨੁੱਖ ਸਮਝੇਗਾ,
15087	329	ਹਿਰਦੈ ਰਾਮੁ ਮੁਖਿ ਰਾਮੈ ਹੋਇ॥੩॥੨੯॥		Hiradhai Raam Mukh Raamai Hoe ||3||29||	Whose heart is filled with the Lord, and whose mouth is also filled with the Lord. ||3||29||	ਜਿਸ ਦੇ ਹਿਰਦੇ ਵਿਚ ਪ੍ਰਭੂ ਵੱਸ ਰਿਹਾ ਹੈ, ਤੇ ਮੂੰਹ ਵਿਚ (ਭੀ) ਕੇਵਲ ਪ੍ਰਭੂ ਹੀ ਹੈ (ਭਾਵ, ਜੋ ਮੂੰਹੋਂ ਭੀ ਪ੍ਰਭੂ ਦੇ ਗੁਣ ਉਚਾਰ ਰਿਹਾ ਹੈ) ॥੩॥੨੯॥
15088	329	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	

15089	329	ਬੇਦ ਕੀ ਪੁਤ੍ਰੀ ਸਿੰਮ੍ਰਿਤਿ ਭਾਈ॥	ਸਿੰਮ-ਰ੍ਿਤਿ	Baedh Kee Puthree Sinmrith Bhaaee ||	The Simritee is the daughter of the Vedas, O Siblings of Destiny.	ਹੇ ਵੀਰ! ਇਹ ਸਿੰਮ੍ਰਿਤੀ ਜੋ ਵੇਦਾਂ ਦੇ ਆਧਾਰ ਤੇ ਬਣੀ ਹੈ,
15090	329	ਸਾਂਕਲ ਜੇਵਰੀ ਲੈ ਹੈ ਆਈ॥੧॥	ਕਰਮ ਕਾਂਡ ਰੂਪੀ (ਸਾਂਕਲ) ਸੰਗਲ।ਵਾਸ਼ਨਾ ਰੂਪ (ਜੇਵਰੀ) ਰੱਸੀ	Saankal Jaevaree Lai Hai Aaee ||1||	She has brought a chain and a rope. ||1||	(ਇਹ ਤਾਂ ਆਪਣੇ ਸ਼ਰਧਾਲੂਆਂ ਵਾਸਤੇ ਵਰਨ ਆਸ਼ਰਮ ਦੇ, ਮਾਨੇ) ਸੰਗਲ ਤੇ (ਕਰਮ-ਕਾਂਡ ਦੀਆਂ) ਰੱਸੀਆਂ ਲੈ ਕੇ ਆਈ ਹੋਈ ਹੈ ॥੧॥
15091	329	ਆਪਨ ਨਗਰੁ ਆਪ ਤੇ ਬਾਧਿਆ॥	ਨੱਗਰੁ ਬੱਾਧਿਆ	Aapan Nagar Aap Thae Baadhhiaa ||	She has imprisoned the people in her own city.	(ਇਸ ਸਿੰਮ੍ਰਿਤੀ ਨੇ) ਆਪਣੇ ਸਾਰੇ ਸ਼ਰਧਾਲੂ ਆਪ ਹੀ ਜਕੜੇ ਹੋਏ ਹਨ,
15092	329	ਮੋਹ ਕੈ ਫਾਧਿ ਕਾਲ ਸਰੁ ਸਾਂਧਿਆ॥੧॥ਰਹਾਉ ॥	(ਫਾਧਿ) ਬੰਧਨ। (ਸਰੁ) ਤੀਰ (ਸਾਂਧਿਆ) ਖਿੱਚਿਆ, ਸਿੰਨ੍ਹਿਆ	Moh Kai Faadhh Kaal Sar Saandhhiaa ||1|| Rehaao ||	She has tightened the noose of emotional attachment and shot the arrow of death. ||1||Pause||	(ਇਨ੍ਹਾਂ ਨੂੰ ਸੁਰਗ ਆਦਿਕ ਦੇ) ਮੋਹ ਦੀ ਫਾਹੀ ਵਿਚ ਫਸਾ ਕੇ (ਇਹਨਾਂ ਦੇ ਸਿਰ ਤੇ) ਮੌਤ (ਦੇ ਸਹਿਮ) ਦਾ ਤੀਰ (ਇਸ ਨੇ) ਖਿੱਚਿਆ ਹੋਇਆ ਹੈ ॥੧॥ ਰਹਾਉ ॥
15093	329	ਕਟੀ ਨ ਕਟੈ ਤੁਟਿ ਨਹ ਜਾਈ॥		Kattee N Kattai Thoott Neh Jaaee ||	By cutting, she cannot be cut, and she cannot be broken.	(ਇਹ ਸਿੰਮ੍ਰਿਤੀ-ਰੂਪ ਫਾਹੀ ਸ਼ਰਧਾਲੂਆਂ ਪਾਸੋਂ) ਵੱਢਿਆਂ ਵੱਢੀ ਨਹੀਂ ਜਾ ਸਕਦੀ ਅਤੇ ਨਾਹ ਹੀ (ਆਪਣੇ ਆਪ) ਇਹ ਟੁੱਟਦੀ ਹੈ।

15094	329	ਸਾ ਸਾਪਨਿ ਹੋਇ ਜਗ ਕਉ ਖਾਈ॥੨॥	(ਸਾ) ਓਹੁ ਮਾਇਆ। (ਸਾਪਨਿ)ਸਪਨੀ ਹੋ ਕੇ। ਜੱਗ	Saa Saapan Hoe Jag Ko Khaaee ||2||	She has become a serpent, and she is eating the world. ||2||	(ਹੁਣ ਤਾਂ) ਇਹ ਸੱਪਣੀ ਬਣ ਕੇ ਜਗਤ ਨੂੰ ਖਾ ਰਹੀ ਹੈ (ਭਾਵ, ਜਿਵੇਂ ਸੱਪਣੀ ਆਪਣੇ ਹੀ ਬੱਚਿਆਂ ਨੂੰ ਖਾ ਜਾਂਦੀ ਹੈ, ਤਿਵੇਂ ਇਹ ਸਿੰਮ੍ਰਿਤੀ ਆਪਣੇ ਹੀ ਸ਼ਰਧਾਲੂਆਂ ਦਾ ਨਾਸ ਕਰ ਰਹੀ ਹੈ) ॥੨॥
15095	329	ਹਮ ਦੇਖਤ ਜਿਨਿ ਸਭੁ ਜਗੁ ਲੂਟਿਆ॥		Ham Dhaekhath Jin Sabh Jag Loottiaa ||	Before my very eyes, she has plundered the entire world.	ਅਸਾਡੇ ਵੇਖਦਿਆਂ ਵੇਖਦਿਆਂ ਜਿਸ (ਸਿੰਮ੍ਰਿਤੀ) ਨੇ ਸਾਰੇ ਸੰਸਾਰ ਨੂੰ ਠੱਗ ਲਿਆ ਹੈ।
15096	329	ਕਹੁ ਕਬੀਰ ਮੈ ਰਾਮ ਕਹਿ ਛੂਟਿਆ॥੩॥੩੦॥		Kahu Kabeer Mai Raam Kehi Shhoottiaa ||3||30||	Says Kabeer, chanting the Lord's Name, I have escaped her. ||3||30||	ਕਬੀਰ ਆਖਦਾ ਹੈ- ਮੈਂ ਪ੍ਰਭੂ ਦਾ ਸਿਮਰਨ ਕਰ ਕੇ ਉਸ ਤੋਂ ਬਚ ਗਿਆ ਹਾਂ ॥੩॥੩੦॥
15097	329	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
15098	329	ਦੇਇ ਮੁਹਾਰ ਲਗਾਮੁ ਪਹਿਰਾਵਉ॥	ਘੋੜੇ ਦਾ ਮੂੰਹ ਘੁੱਟਣ ਲਈ ਪਾਈ (ਮੁਹਾਰ) ਪੂਜੀ। (ਮੁਹਾਰ) ਮੋਹ ਦਾ ਵੈਰੀ ਵੈਰਾਗ। ਦੇ-ਇ। ਪਹਿਰਾਵ-ਉ	Dhaee Muhaar Lagaam Pehiraavo ||	I have grasped the reins and attached the bridle;	ਮੈਂ ਤਾਂ (ਆਪਣੇ ਮਨ-ਰੂਪ ਅਤੇ ਘੋੜੇ ਨੂੰ ਉਸਤਤਿ ਨਿੰਦਾ ਤੋਂ ਰੋਕਣ ਦੀ) ਪੂਜੀ ਦੇ ਕੇ (ਪ੍ਰੇਮ ਦੀ ਲਗਨ ਦੀ) ਲਗਾਮ ਪਾਂਦਾ ਹਾਂ,

15099	329	ਸਗਲ ਤਜੀਨੁ ਗਗਨ ਦਉਰਾਵਉ॥੧॥	ਸਾਰੇ ਔਗੁਣ (ਤਜੀਨੁ) ਤਿਆਗ ਕੇ, ਬ੍ਰਹਮ ਜੀ ਚ ਮਨ ਰੂਪੀ ਘੋੜੇ ਨੂੰ ਦਾਸਨ ਦਾਸ (ਦਉ-ਰਾਵਉ) ਭਜਾਉਣਾ ਕਰਦਾ ਹੈ	Sagal Th Jeen Gagan Dhouraavo ||1||	Abandoning everything, I now ride through the skies. ||1||	ਅਤੇ ਪ੍ਰਭੂ ਨੂੰ ਸਭ ਥਾਈਂ ਵਿਆਪਕ ਜਾਣਨਾ-ਇਹ ਕਾਠੀ ਪਾ ਕੇ (ਮਨ ਨੂੰ) ਨਿਰੰਕਾਰ ਦੇ ਦੇਸ ਦੀ ਉਡਾਰੀ ਲਵਾਉਂਦਾ ਹਾਂ (ਭਾਵ, ਮਨ ਨੂੰ ਪ੍ਰਭੂ ਦੀ ਯਾਦ ਵਿਚ ਜੋੜਦਾ ਹਾਂ) ॥੧॥
15100	329	ਅਪਨੈ ਬੀਚਾਰਿ ਅਸਵਾਰੀ ਕੀਜੈ॥		Apanai Beechaar Asavaaree Keejai ||	I made self-reflection my mount,	(ਆਓ, ਭਾਈ!) ਆਪਣੇ ਸਰੂਪ ਦੇ ਗਿਆਨ-ਰੂਪ ਘੋੜੇ ਉੱਤੇ ਸਵਾਰ ਹੋ ਜਾਈਏ (ਭਾਵ, ਅਸਾਡਾ ਅਸਲਾ ਕੀਹ ਹੈ, ਇਸ ਵਿਚਾਰ ਨੂੰ ਘੋੜਾ ਬਣਾ ਕੇ ਇਸ ਉੱਤੇ ਸਵਾਰ ਹੋਵੀਏ;
15101	329	ਸਹਜ ਕੈ ਪਾਵੜੈ ਪਗੁ ਧਰਿ ਲੀਜੈ॥੧॥ਰਹਾਉ॥	(ਪਾਵੜੈ) ਰਕਾਬਾਂ। ਪਗੁ: ਪੋਲਾ ਬੋਲੋ	Sehaj Kai Paavarrai Pag Dhhar Leejai ||1|| Rehaao ||	And in the stirrups of intuitive poise, I placed my feet. ||1||Pause||	ਹਰ ਵੇਲੇ ਆਪਣੇ ਅਸਲੇ ਦਾ ਚੇਤਾ ਰੱਖੀਏ), ਅਤੇ ਆਪਣੀ ਅਕਲ-ਰੂਪ ਪੈਰ ਨੂੰ ਸਹਿਜ ਅਵਸਥਾ ਦੀ ਰਕਾਬ ਵਿਚ ਰੱਖੀ ਰੱਖੀਏ ॥੧॥ ਰਹਾਉ ॥
15102	329	ਚਲੁ ਰੇ ਬੈਕੁੰਠ ਤੁਝਹਿ ਲੇ ਤਾਰਉ॥		Chal Rae Baikunth Thujhehi Lae Thaaro ||	Come, and let me ride you to heaven.	ਚੱਲ, ਹੇ (ਮਨ-ਰੂਪ ਘੋੜੇ)! ਤੈਨੂੰ ਬੈਕੁੰਠ ਦੇ ਸੈਰ ਕਰਾਵਾਂ;
15103	329	ਹਿਚਹਿ ਤ ਪ੍ਰੇਮ ਕੈ ਚਾਬੁਕ ਮਾਰਉ॥੨॥	(ਹਿਚਹਿ) ਅੜੀ ਕਰੇ	Hichehi Th Praem Kai Chaabuk Maaro ||2||	If you hold back, then I shall strike you with the whip of spiritual love. ||2||	ਜੇ ਅੜੀ ਕੀਤੀਓਈ, ਤਾਂ ਤੈਨੂੰ ਮੈਂ ਪ੍ਰੇਮ ਦਾ ਚਾਬਕ ਮਾਰਾਂਗਾ ॥੨॥

15104	329	ਕਹਤ ਕਬੀਰ ਭਲੇ ਅਸਵਾਰਾ॥		Kehath Kabeer Bhalae Asavaaraa ||	Says Kabeer, those who remain detached from the Vedas,	ਕਬੀਰ ਆਖਦਾ ਹੈ-(ਇਹੋ ਜਿਹੇ) ਸਿਆਣੇ ਅਸਵਾਰ (ਜੋ ਆਪਣੇ ਮਨ ਉੱਤੇ ਸਵਾਰ ਹੁੰਦੇ ਹਨ),
15105	329	ਬੇਦ ਕਤੇਬ ਤੇ ਰਹਹਿ ਨਿਰਾਰਾ॥੩॥੩੧॥	ਰਹ-ਹਿ	Baedh Kathaeb Thae Rehehi Niraaraa ||3||31||	The Koran and the Bible are the best riders. ||3||31||	ਵੇਦਾਂ ਤੇ ਕਤੇਬਾਂ (ਨੂੰ ਸੱਚੇ ਝੂਠੇ ਆਖਣ ਦੇ ਝਗੜੇ) ਤੋਂ ਵੱਖਰੇ ਰਹਿੰਦੇ ਹਨ ॥੩॥੩੧॥
15106	329	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
15107	329	ਜਿਹ ਮੁਖਿ ਪਾਂਚਉ ਅੰਮ੍ਰਿਤ ਖਾਏ॥		Jih Mukh Paancho Anmrith Khaaeae ||	That mouth, which used to eat the five delicacies	ਜਿਸ ਮੂੰਹ ਨਾਲ ਪੰਜੇ ਹੀ ਉੱਤਮ ਪਦਾਰਥ ਖਾਈਦੇ ਹਨ,
15108	329	ਤਿਹ ਮੁਖ ਦੇਖਤ ਲੂਕਟ ਲਾਏ॥੧॥	(ਲੂਕਟ) ਲਾਂਬੂ ਲਾਏ ਜਾਂਦੇ ਹਨ	Thih Mukh Dhaekhath Lookatt Laaeae ||1||	- I have seen the flames being applied to that mouth. ||1||	(ਮਰਨ ਤੇ) ਉਸ ਮੂੰਹ ਨੂੰ ਆਪਣੇ ਸਾਹਮਣੇ ਹੀ ਚੁਆਤੀ (ਬਾਲ ਕੇ) ਲਾ ਦੇਈਦੀ ਹੈ ॥੧॥
15109	329	ਇਕੁ ਦੁਖੁ ਰਾਮਰਾਇ ਕਾਟਹੁ ਮੇਰਾ॥	ਕਾਟਹੁ	Eik Dhukh Raam Raae Kaattahu Maeraa ||	O Lord, my King, please rid me of this one affliction:	ਹੇ ਮੇਰੇ ਸੁਹਣੇ ਰਾਮ! ਮੇਰਾ ਇਕ ਇਹ ਦੁੱਖ ਦੂਰ ਕਰ ਦੇਹ,

15110	329	ਅਗਨਿ ਦਹੈ ਅਰੁ ਗਰਭ ਬਸੇਰਾ॥੧॥ਰਹਾਉ॥		Agan Dhehai Ar Garabh Basaeraa ||1|| Rehaao ||	May I not be burned in fire, or cast into the womb again. ||1||Pause||	ਇਹ ਜੋ ਤ੍ਰਿਸ਼ਨਾ ਦੀ ਅੱਗ ਸਾੜਦੀ ਹੈ, ਤੇ ਗਰਭ ਦਾ ਵਾਸ ਹੈ (ਭਾਵ, ਇਹ ਜੋ ਮੁੜ ਮੁੜ ਜੰਮਣਾ ਮਰਨਾ ਪੈਂਦਾ ਹੈ ਤੇ ਤ੍ਰਿਸ਼ਨਾ ਅੱਗ ਵਿਚ ਸੜੀਦਾ ਹੈ, ਇਸ ਤੋਂ ਬਚਾ ਲੈ) ॥੧॥ ਰਹਾਉ ॥
15111	329	ਕਾਇਆ ਬਿਗੂਤੀ ਬਹੁ ਬਿਧਿ ਭਾਤੀ॥	(ਬਿਗੂਤੀ) ਖਰਾਬ ਹੁੰਦੀ	Kaaeiaa Bigoothee Bahu Bidhh Bhaathee ||	The body is destroyed by so many ways and means.	(ਮਰਨ ਪਿਛੋਂ) ਇਹ ਸਰੀਰ ਕਈ ਤਰ੍ਹਾਂ ਖ਼ਰਾਬ ਹੁੰਦਾ ਹੈ।
15112	329	ਕੋ ਜਾਰੇ ਕੋ ਗਡਿ ਲੇ ਮਾਟੀ॥੨॥	ਗੱਡਿ	Ko Jaarae Ko Gadd Lae Maattee ||2||	Some burn it, and some bury it in the earth. ||2||	ਕੋਈ ਇਸ ਨੂੰ ਸਾੜ ਦੇਂਦਾ ਹੈ, ਕੋਈ ਇਸ ਨੂੰ ਮਿੱਟੀ ਵਿਚ ਦੱਬ ਦੇਂਦਾ ਹੈ ॥੨॥
15113	329	ਕਹੁ ਕਬੀਰ ਹਰਿ ਚਰਣ ਦਿਖਾਵਹੁ॥	ਦਿਖਾਵਹੁ	Kahu Kabeer Har Charan Dhikhaavahu ||	Says Kabeer, O Lord, please reveal to me Your Lotus Feet;	ਕਬੀਰ ਆਖਦਾ ਹੈ- ਹੇ ਪ੍ਰਭੂ! (ਮੈਨੂੰ) ਆਪਣੇ ਚਰਨਾਂ ਦਾ ਦਰਸ਼ਨ ਕਰਾ ਦੇਹ।
15114	329	ਪਾਛੈ ਤੇ ਜਮੁ ਕਿਉ ਨ ਪਠਾਵਹੁ॥੩॥੩੨॥	(ਪਠਾਵਹੁ) ਭੇਜੋ	Paashhai Thae Jam Kio N Pathaavahu ||3||32||	After that, go ahead and send me to my death. ||3||32||	ਉਸ ਤੋਂ ਪਿਛੋਂ ਬੇਸ਼ੱਕ ਜਮ ਨੂੰ ਹੀ (ਮੇਰੇ ਪ੍ਰਾਣ ਲੈਣ ਲਈ) ਘੱਲ ਦੇਵੀਂ ॥੩॥੩੨॥
15115	329	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
15116	329	ਆਪੇ ਪਾਵਕੁ ਆਪੇ ਪਵਨਾ॥	(ਪਾਵਕੁ) ਅੱਗ। (ਪਵਨਾ) ਹਵਾ	Aapae Paavak Aapae Pavanaa ||	He Himself is the fire, and He Himself is the wind.	ਖਸਮ (ਪ੍ਰਭੂ) ਆਪ ਹੀ ਅੱਗ ਹੈ, ਆਪ ਹੀ ਹਵਾ ਹੈ।

15117	329	ਜਾਰੈ ਖਸਮੁ ਤ ਰਾਖੈ ਕਵਨਾ॥੧॥		Jaarai Khasam Th Raakhai Kavanaa ||1||	When our Lord and Master wishes to burn someone, then who can save him? ||1||	ਜੇ ਉਹ ਆਪ ਹੀ (ਜੀਵ ਨੂੰ) ਸਾੜਨ ਲੱਗੇ, ਤਾਂ ਕੌਣ ਬਚਾ ਸਕਦਾ ਹੈ? ॥੧॥
15118	329	ਰਾਮ ਜਪਤ ਤਨੁ ਜਰਿ ਕੀ ਨ ਜਾਇ॥		Raam Japath Than Jar Kee N Jaae ||	When I chant the Lord's Name, what does it matter if my body burns?	ਪ੍ਰਭੂ ਦਾ ਸਿਮਰਨ ਕਰਦਿਆਂ (ਉਸ ਦਾ) ਸਰੀਰ ਭੀ ਭਾਵੇਂ ਸੜ ਜਾਏ (ਉਹ ਰਤਾ ਪਰਵਾਹ ਨਹੀਂ ਕਰਦਾ)
15119	329	ਰਾਮ ਨਾਮ ਚਿਤੁ ਰਹਿਆ ਸਮਾਇ॥੧॥ਰਹਾਉ॥		Raam Naam Chith Rehiaa Samaae ||1|| Rehaao ||	My consciousness remains absorbed in the Lord's Name. ||1||Pause||	(ਜਿਸ ਮਨੁੱਖ ਦਾ) ਮਨ ਪ੍ਰਭੂ ਦੇ ਨਾਮ ਵਿਚ ਜੁੜ ਰਿਹਾ ਹੈ ॥੧॥ ਰਹਾਉ ॥
15120	329	ਕਾ ਕੋ ਜਰੈ ਕਾਹਿ ਹੋਇ ਹਾਨਿ॥		Kaa Ko Jarai Kaahi Hoe Haan ||	Who is burned, and who suffers loss?	(ਕਿਉਂਕਿ ਬੰਦਗੀ ਕਰਨ ਵਾਲੇ ਨੂੰ ਇਹ ਨਿਸ਼ਚਾ ਹੁੰਦਾ ਹੈ ਕਿ) ਨਾਹ ਕਿਸੇ ਦਾ ਕੁਝ ਸੜਦਾ ਹੈ, ਤੇ ਨਾਹ ਕਿਸੇ ਦਾ ਕੋਈ ਨੁਕਸਾਨ ਹੁੰਦਾ ਹੈ;
15121	329	ਨਟ ਵਟ ਖੇਲੈ ਸਾਰਿਗਪਾਨਿ॥੨॥	ਨਟ:ਪੋਲਾ ਬੋਲੋ। (ਨਟ) ਨਾਟਕ ਖੇਡਣ ਵਾਲਾ। (ਵੱਟ) ਵਾਂਗ, ਭੇਸ। ਖ੍ਹੇਲੈ। ਸਾਰਿਗ-ਪਾਨ	Natt Vatt Khaelai Saarigapaan ||2||	The Lord plays, like the juggler with his ball. ||2||	ਪ੍ਰਭੂ ਆਪ ਹੀ (ਸਭ ਥਾਈਂ) ਨਟਾਂ ਦੇ ਭੇਸਾਂ ਵਾਂਗ ਖੇਡ ਰਿਹਾ ਹੈ, (ਭਾਵ, ਕਿਤੇ ਆਪ ਹੀ ਨੁਕਸਾਨ ਕਰ ਰਿਹਾ ਹੈ, ਤੇ ਕਿਤੇ ਆਪ ਹੀ ਉਹ ਨੁਕਸਾਨ ਸਹਿ ਰਿਹਾ ਹੈ) ॥੨॥

15122	329	ਕਹੁ ਕਬੀਰ ਅਖਰ ਦੁਇ ਭਾਖਿ॥	ਅੱਖਰ	Kahu Kabeer Akhar Dhue Bhaakh ||	Says Kabeer, chant the two letters of the Lord's Name - Raa Maa.	(ਇਸ ਵਾਸਤੇ) ਕਬੀਰ ਆਖਦਾ ਹੈ- (ਤੂੰ ਤਾਂ) ਇਹ ਨਿੱਕੀ ਜਿਹੀ ਗੱਲ ਚੇਤੇ ਰੱਖ,
15123	329	ਹੋਇਗਾ ਖਸਮੁ ਤ ਲੇਇਗਾ ਰਾਖਿ॥੩॥੩੩॥	ਲੇਇਗਾ	Hoeigaa Khasam Th Laeeigaa Raakh ||3||33||	If He is your Lord and Master, He will protect you. ||3||33||	ਕਿ ਜੇ ਖ਼ਸਮ ਨੂੰ ਮਨਜ਼ੂਰ ਹੋਵੇਗਾ ਤਾਂ (ਜਿਥੇ ਕਿਤੇ ਲੋੜ ਪਏਗੀ, ਆਪ ਹੀ) ਬਚਾ ਲਏਗਾ ॥੩॥੩੩॥
15124	329	ਗਉੜੀ ਕਬੀਰ ਜੀ ਦੁਪਦੇ॥		Gourree Kabeer Jee Dhupadhae ||	Gauree, Kabeer Jee, Du-Padas:	
15125	329	ਨਾ ਮੈ ਜੋਗ ਧਿਆਨ ਚਿਤੁ ਲਾਇਆ॥		Naa Mai Jog Dhhiaan Chith Laaeiaa ||	I have not practiced Yoga, or focused my consciousness on meditation.	ਮੈਂ ਤਾਂ ਜੋਗ (ਦੇ ਦੱਸੇ ਹੋਏ) ਧਿਆਨ (ਭਾਵ, ਸਮਾਧੀਆਂ) ਦਾ ਗਹੁ ਨਹੀਂ ਕੀਤਾ,
15126	329	ਬਿਨੁ ਬੈਰਾਗ ਨ ਛੂਟਸਿ ਮਾਇਆ॥੧॥		Bin Bairaag N Shhoottas Maaeiaa ||1||	Without renunciation, I cannot escape Maya. ||1||	(ਕਿਉਂਕਿ ਇਸ ਨਾਲ ਵੈਰਾਗ ਪੈਦਾ ਨਹੀਂ ਹੁੰਦਾ, ਅਤੇ) ਵੈਰਾਗ ਤੋਂ ਬਿਨਾ ਮਾਇਆ (ਦੇ ਮੋਹ) ਤੋਂ ਖ਼ਲਾਸੀ ਨਹੀਂ ਹੋ ਸਕਦੀ ॥੧॥
15127	329	ਕੈਸੇ ਜੀਵਨੁ ਹੋਇ ਹਮਾਰਾ॥		Kaisae Jeevan Hoe Hamaaraa ||	How have I passed my life?	(ਪ੍ਰਭੂ ਦੇ ਨਾਮ ਦਾ ਆਸਰੇ ਬਿਨਾਂ ਅਸੀਂ ਸਹੀ) ਜੀਵਨ ਜੀਊ ਹੀ ਨਹੀਂ ਸਕਦੇ,

15128	330	ਜਬ ਨ ਹੋਇ ਰਾਮ ਨਾਮ ਅਧਾਰਾ॥੧॥ਰਹਾਉ ॥		Jab N Hoe Raam Naam Adhhaaraa ||1|| Rehaao ||	I have not taken the Lord's Name as my Support. ||1||Pause||	(ਕਿਉਂਕਿ ਮਾਇਆ ਇਤਨੀ ਪ੍ਰਬਲ ਹੈ ਕਿ) ਜੇ ਅਸਾਨੂੰ ਪ੍ਰਭੂ ਦੇ ਨਾਮ ਦਾ ਆਸਰਾ ਨਾਹ ਹੋਵੇ ਤਾਂ ॥੧॥ ਰਹਾਉ ॥
15129	330	ਕਹੁ ਕਬੀਰ ਖੋਜਉ ਅਸਮਾਨ॥		Kahu Kabeer Khojo Asamaan ||	Says Kabeer, I have searched the skies,	ਮੈਂ ਅਕਾਸ਼ ਤਕ (ਭਾਵ, ਸਾਰੀ ਦੁਨੀਆ) ਭਾਲ ਕਰ ਚੁਕਿਆ ਹਾਂ,
15130	330	ਰਾਮ ਸਮਾਨ ਨ ਦੇਖਉ ਆਨ॥੨॥੩੪॥	(ਆਨ) ਹੋਰ	Raam Samaan N Dhaekho Aan ||2||34||	And have not seen another, equal to the Lord. ||2||34||	ਕਬੀਰ ਆਖਦਾ ਹੈ- (ਪਰ ਪ੍ਰਭੂ ਤੋਂ ਬਿਨਾ) ਮੈਨੂੰ ਕੋਈ ਹੋਰ ਨਹੀਂ ਲੱਭਾ (ਜੋ ਮਾਇਆ ਦੇ ਮੋਹ ਤੋਂ ਬਚਾ ਕੇ ਅਸਲ ਜੀਵਨ ਦੇ ਸਕੇ) ॥੨॥੩੪॥
15131	330	ਗਉੜੀ ਕਬੀਰ ਜੀ॥		Gourree Kabeer Jee ||	Gauree, Kabeer Jee:	
15132	330	ਜਿਹਿ ਸਿਰਿ ਰਚਿ ਰਚਿ ਬਾਧਤ ਪਾਗ॥		Jih Sir Rach Rach Baadhhath Paag ||	That head which was once embellished with the finest turban	ਜਿਸ ਸਿਰ ਤੇ (ਮਨੁੱਖ) ਸੰਵਾਰ ਸੰਵਾਰ ਪੱਗ ਬੰਨ੍ਹਦਾ ਹੈ,
15133	330	ਸੋ ਸਿਰੁ ਚੁੰਚ ਸਵਾਰਹਿ ਕਾਗ॥੧॥	ਸਵਾਰ-ਹਿ	So Sir Chunch Savaarehi Kaag ||1||	- upon that head, the crow now cleans his beak. ||1||	(ਮੌਤ ਆਉਣ ਤੇ) ਉਸ ਸਿਰ ਨੂੰ ਕਾਂ ਆਪਣੀਆਂ ਚੁੰਝਾਂ ਨਾਲ ਸੰਵਾਰਦੇ ਹਨ ॥੧॥

15134	330	ਇਸੁ ਤਨ ਧਨ ਕੋ ਕਿਆ ਗਰਬਈਆ॥	ਗਰਬਈਆ	Eis Than Dhhan Ko Kiaa Garabeeaa ||	What pride should we take in this body and wealth?	(ਹੇ ਭਾਈ!) ਇਸ ਸਰੀਰ ਦਾ ਅਤੇ ਇਸ ਧਨ ਦਾ ਕੀਹ ਮਾਣ ਕਰਦਾ ਹੈਂ?
15135	330	ਰਾਮ ਨਾਮੁ ਕਾਹੇ ਨ ਦ੍ਰਿੜੀਆ॥੧॥ਰਹਾਉ ॥	ਦ੍ਰਿੜੀ-ਆ	Raam Naam Kaahae N Dhrirrheeaa ||1|| Rehaao ||	Why not hold tight to the Lord's Name instead? ||1||Pause||	ਪ੍ਰਭੂ ਦਾ ਨਾਮ ਕਿਉਂ ਨਹੀਂ ਸਿਮਰਦਾ? ॥੧॥ ਰਹਾਉ ॥
15136	330	ਕਹਤ ਕਬੀਰ ਸੁਨਹੁ ਮਨ ਮੇਰੇ॥		Kehath Kabeer Sunahu Man Maerae ||	Says Kabeer, listen, O my mind:	ਕਬੀਰ ਆਖਦਾ ਹੈ-ਹੇ ਮੇਰੇ ਮਨ! ਸੁਣ,
15137	330	ਇਹੀ ਹਵਾਲ ਹੋਹਿਗੇ ਤੇਰੇ॥੨॥੩੫॥	ਹੋਹਿਗੇ	Eihee Havaal Hohigae Thaerae ||2||35||	This may be your fate as well! ||2||35||	(ਮੌਤ ਆਉਣ ਤੇ) ਤੇਰੇ ਨਾਲ ਭੀ ਇਹੋ ਜਿਹੀ ਹੀ ਹੋਵੇਗੀ ॥੨॥੩੫॥
15138	330	ਗਉੜੀ ਗੁਆਰੇਰੀ ਕੇ ਪਦੇ ਪੈਤੀਸ॥		Gourree Guaaraeree Kae Padhae Paithees ||	Thirty-Five Steps Of Gauree Gwaarayree. ||	ਗਉੜੀ ਗੁਆਰੇਰੀ ਕੇ ਪਦੇ ਪੈਤੀਸ ॥
15139	330	ਰਾਗੁ ਗਉੜੀ ਗੁਆਰੇਰੀ ਅਸਟਪਦੀ ਕਬੀਰ ਜੀ ਕੀ	ਅਸਟਪਦੀ: ਸ ਪੈਰ ਬਿੰਦੀ ਨ ਲਾਉ	Raag Gourree Guaaraeree Asattapadhee Kabeer Jee Kee	Raag Gauree Gwaarayree, Ashtapadees Of Kabeer Jee:	ਰਾਗ ਗਉੜੀ-ਗੁਆਰੇਰੀ ਵਿੱਚ ਗੁਰੂ ਭਗਾ ਕਬੀਰ ਜੀ ਦੀ ਅੱਠ-ਪਦਿਆਂ ਵਾਲੀ ਬਾਣੀ।

15140	330	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
15141	330	ਸੁਖੁ ਮਾਂਗਤ ਦੁਖੁ ਆਗੈ ਆਵੈ॥		Sukh Maangath Dhukh Aagai Aavai ||	People beg for pleasure, but pain comes instead.	ਮੈਨੂੰ ਉਸ ਸੁਖ ਦੇ ਮੰਗਣ ਦੀ ਲੋੜ ਨਹੀਂ,
15142	330	ਸੋ ਸੁਖੁ ਹਮਹੁ ਨ ਮਾਂਗਿਆ ਭਾਵੈ॥੧॥	ਹਮਹੁ	So Sukh Hamahu N Maangiaa Bhaavai ||1||	I would rather not beg for that pleasure. ||1||	ਜਿਸ ਸੁਖ ਦੇ ਮੰਗਿਆਂ ਦੁੱਖ ਮਿਲਦਾ ਹੈ ॥੧॥
15143	330	ਬਿਖਿਆ ਅਜਹੁ ਸੁਰਤਿ ਸੁਖ ਆਸਾ॥		Bikhiaa Ajahu Surath Sukh Aasaa ||	People are involved in corruption, but still, they hope for pleasure.	ਅਜੇ ਭੀ ਸਾਡੀ ਸੁਰਤਿ ਮਾਇਆ ਵਿਚ ਹੀ ਲੱਗੀ ਹੋਈ ਹੈ ਤੇ (ਇਸ ਮਾਇਆ ਤੋਂ ਹੀ) ਸੁਖਾਂ ਦੀ ਆਸ ਲਾਈ ਬੈਠੇ ਹਾਂ;
15144	330	ਕੈਸੇ ਹੋਈ ਹੈ ਰਾਜਾਰਾਮ ਨਿਵਾਸਾ॥੧॥ਰਹਾਉ ॥		Kaisae Hoee Hai Raajaa Raam Nivaasaa ||1|| Rehaao ||	How will they find their home in the Sovereign Lord King? ||1||Pause||	ਤਾਂ ਫਿਰ ਜੋਤਿ-ਰੂਪ ਨਿਰੰਕਾਰ ਦਾ ਨਿਵਾਸ (ਇਸ ਸੁਰਤਿ ਵਿਚ) ਕਿਵੇਂ ਹੋ ਸਕੇ? ॥੧॥ ਰਹਾਉ ॥
15145	330	ਇਸੁ ਸੁਖ ਤੇ ਸਿਵ ਬ੍ਰਹਮ ਡਰਾਨਾ॥		Eis Sukh Thae Siv Breham Ddaraanaa ||	Even Shiva and Brahma are afraid of this pleasure,	ਇਸ (ਮਾਇਆ-) ਸੁਖ ਤੋਂ ਤਾਂ ਸ਼ਿਵ ਜੀ ਤੇ ਬ੍ਰਹਮਾ (ਵਰਗੇ ਦੇਵਤਿਆਂ) ਨੇ ਭੀ ਕੰਨਾਂ ਨੂੰ ਹੱਥ ਲਾਏ;

15146	330	ਸੋ ਸੁਖੁ ਹਮਹੁ ਸਾਚੁ ਕਰਿ ਜਾਨਾ॥੨॥		So Sukh Hamahu Saach Kar Jaanaa ||2||	But I have judged that pleasure to be true. ||2||	(ਪਰ (ਸੰਸਾਰੀ ਜੀਵਾਂ ਨੇ) ਇਸ ਸੁਖ ਨੂੰ ਸੱਚਾ ਕਰ ਕੇ ਸਮਝਿਆ ਹੈ ॥੨॥
15147	330	ਸਨਕਾਦਿਕ ਨਾਰਦ ਮੁਨਿ ਸੇਖਾ॥		Sanakaadhik Naaradh Mun Saekhaa ||	Even sages like Sanak and Naarad, and the thousand-headed serpent,	ਬ੍ਰਹਮਾ ਦੇ ਚਾਰੇ ਪੁੱਤਰ ਸਨਕ ਆਦਿਕ, ਨਾਰਦ ਮੁਨੀ ਅਤੇ ਸ਼ੇਸ਼ ਨਾਗ-
15148	330	ਤਿਨ ਭੀ ਤਨ ਮਹਿ ਮਨੁ ਨਹੀ ਪੇਖਾ॥੩॥		Thin Bhee Than Mehi Man Nehee Paekhaa ||3||	Did not see the mind within the body. ||3||	ਇਹਨਾਂ ਨੇ ਭੀ (ਇਸ ਮਾਇਆ-ਸੁਖ ਵਲ ਸੁਰਤ ਲੱਗੀ ਰਹਿਣ ਦੇ ਕਾਰਨ) ਆਪਣੇ ਮਨ ਨੂੰ ਆਪਣੇ ਸਰੀਰ ਵਿਚ ਨਾਹ ਵੇਖਿਆ (ਭਾਵ, ਇਹਨਾਂ ਦਾ ਮਨ ਭੀ ਅੰਤਰ-ਆਤਮੇ ਟਿਕਿਆ ਨਾਹ ਰਹਿ ਸਕਿਆ) ॥੩॥
15149	330	ਇਸੁ ਮਨ ਕਉ ਕੋਈ ਖੋਜਹੁ ਭਾਈ॥	ਖੋਜਹੁ	Eis Man Ko Koee Khojahu Bhaaee ||	Anyone can search for this mind, O Siblings of Destiny.	ਹੇ ਭਾਈ! ਕੋਈ ਧਿਰ ਇਸ ਮਨ ਦੀ ਭੀ ਖੋਜ ਕਰੋ,
15150	330	ਤਨ ਛੂਟੇ ਮਨੁ ਕਹਾ ਸਮਾਈ॥੪॥		Than Shhoottae Man Kehaa Samaaee ||4||	When it escapes from the body, where does the mind go? ||4||	ਕਿ ਸਰੀਰ ਨਾਲੋਂ ਵਿਛੋੜਾ ਹੋਣ ਤੇ ਇਹ ਮਨ ਕਿੱਥੇ ਜਾ ਟਿਕਦਾ ਹੈ ॥੪॥
15151	330	ਗੁਰ ਪਰਸਾਦੀ ਜੈਦੇਉ ਨਾਮਾਂ॥		Gur Parasaadhee Jaidhaeo Naamaan ||	By Guru's Grace, Jai Dayv and Naam Dayv	ਸਤਿਗੁਰੂ ਦੀ ਕਿਰਪਾ ਨਾਲ, ਇਹਨਾਂ ਜੈਦੇਵ ਤੇ ਨਾਮਦੇਵ ਜੀ (ਵਰਗੇ ਭਗਤਾਂ) ਨੇ ਹੀ-

15152	330	ਭਗਤਿ ਕੈ ਪ੍ਰੇਮਿ ਇਨ ਹੀ ਹੈ ਜਾਨਾਂ॥੫॥		Bhagath Kai Praem Ein Hee Hai Jaanaan ||5||	Came to know this, through loving devotional worship of the Lord. ||5||	ਭਗਤੀ ਦੇ ਚਾਉ ਨਾਲ ਇਹ ਗੱਲ ਸਮਝੀ ਹੈ (ਕਿ "ਤਨ ਛੂਟੇ ਮਨੁ ਕਹਾ ਸਮਾਈ") ॥੫॥
15153	330	ਇਸੁ ਮਨ ਕਉ ਨਹੀ ਆਵਨ ਜਾਨਾ॥		Eis Man Ko Nehee Aavan Jaanaa ||	This mind does not come or go.	ਉਸ ਮਨੁੱਖ ਦੇ ਇਸ ਆਤਮਾ ਨੂੰ ਜਨਮ ਮਰਨ ਦੇ ਗੇੜ ਵਿਚ ਪੈਣਾ ਨਹੀਂ ਪੈਂਦਾ,
15154	330	ਜਿਸ ਕਾ ਭਰਮੁ ਗਇਆ ਤਿਨਿ ਸਾਚੁ ਪਛਾਨਾ॥੬॥	ਗ-ਇਆ	Jis Kaa Bharam Gaeiaa Thin Saach Pashhaanaa ||6||	One whose doubt is dispelled, knows the Truth. ||6||	ਜਿਸ ਮਨੁੱਖ ਦੀ (ਸੁਖਾਂ ਵਾਸਤੇ) ਭਟਕਣਾ ਦੂਰ ਹੋ ਗਈ ਹੈ, ਜਿਸ ਨੇ ਪ੍ਰਭੂ ਨੂੰ ਪਛਾਣ ਲਿਆ ਹੈ (ਪ੍ਰਭੂ ਨਾਲ ਸਾਂਝ ਪਾ ਲਈ ਹੈ) ॥੬॥
15155	330	ਇਸੁ ਮਨ ਕਉ ਰੂਪੁ ਨ ਰੇਖਿਆ ਕਾਈ॥		Eis Man Ko Roop N Raekhiaa Kaaee ||	This mind has no form or outline.	(ਅਸਲ ਵਿਚ) ਇਸ ਜੀਵ ਦਾ (ਪ੍ਰਭੂ ਤੋਂ ਵੱਖਰਾ) ਕੋਈ ਰੂਪ ਜਾਂ ਚਿਹਨ ਨਹੀਂ ਹੈ।
15156	330	ਹੁਕਮੇ ਹੋਇਆ ਹੁਕਮੁ ਬੂਝਿ ਸਮਾਈ॥੭॥		Hukamae Hoeiaa Hukam Boojh Samaaee ||7||	By God's Command it was created; understanding God's Command, it will be absorbed into Him again. ||7||	ਪ੍ਰਭੂ ਦੇ ਹੁਕਮ ਵਿਚ ਹੀ ਇਹ (ਵੱਖਰੇ ਸਰੂਪ ਵਾਲਾ) ਬਣਿਆ ਹੈ ਤੇ ਪ੍ਰਭੂ ਦੀ ਰਜ਼ਾ ਨੂੰ ਸਮਝ ਕੇ ਉਸ ਵਿਚ ਲੀਨ ਹੋ ਜਾਂਦਾ ਹੈ ॥੭॥
15157	330	ਇਸ ਮਨ ਕਾ ਕੋਈ ਜਾਨੈ ਭੇਉ॥		Eis Man Kaa Koee Jaanai Bhaeo ||	Does anyone know the secret of this mind?	ਜੋ ਮਨੁੱਖ ਇਸ ਮਨ ਦਾ ਭੇਦ ਜਾਣ ਲੈਂਦਾ ਹੈ,

15158	330	ਇਹ ਮਨਿ ਲੀਣ ਭਏ ਸੁਖਦੇਉ॥੮॥	(ਦੂਜਾ ਪਾਠ: ਸੁਖ ਦੇਉ)	Eih Man Leen Bheae Sukhadhaeo ||8||	This mind shall merge into the Lord, the Giver of peace and pleasure. ||8||	ਉਹ ਇਸ ਮਨ ਦੀ ਰਾਹੀਂ ਹੀ (ਅੰਤਰ-ਆਤਮੇ) ਲੀਨ ਹੋ ਕੇ ਸੁਖਦੇਵ ਪ੍ਰਭੂ ਦਾ ਰੂਪ ਹੋ ਜਾਂਦਾ ਹੈ ॥੮॥
15159	330	ਜੀਉ ਏਕੁ ਅਰੁ ਸਗਲ ਸਰੀਰਾ॥		Jeeo Eaek Ar Sagal Sareeraa ||	There is One Soul, and it pervades all bodies.	ਜੋ ਆਪ ਇੱਕ ਹੈ ਤੇ ਸਾਰੇ ਸਰੀਰਾਂ ਵਿਚ ਮੌਜੂਦ ਹੈ,
15160	330	ਇਸੁ ਮਨ ਕਉ ਰਵਿ ਰਹੇ ਕਬੀਰਾ॥੯॥੧॥੩੬॥		Eis Man Ko Rav Rehae Kabeeraa ||9||1||36||	Kabeer dwells upon this Mind. ||9||1||36||	ਕਬੀਰ ਉਸ (ਸਰਬ-ਵਿਆਪਕ) ਮਨ (ਭਾਵ, ਪਰਮਾਤਮਾ) ਦਾ ਸਿਮਰਨ ਕਰ ਰਿਹਾ ਹੈ ॥੯॥੧॥੩੬॥
15161	330	ਗਉੜੀ ਗੁਆਰੇਰੀ॥		Gourree Guaaraeree ||	Gauree Gwaarayree:	
15162	330	ਅਹਿ ਨਿਸਿ ਏਕ ਨਾਮ ਜੋ ਜਾਗੇ॥		Ahinis Eaek Naam Jo Jaagae ||	Those who are awake to the One Name, day and night	ਜੋ ਦਿਨ ਰਾਤ ਕੇਵਲ ਪ੍ਰਭੂ ਦੇ ਨਾਮ ਵਿਚ ਸੁਚੇਤ ਰਹੇ ਹਨ,
15163	330	ਕੇਤਕ ਸਿਧ ਭਏ ਲਿਵ ਲਾਗੇ॥੧॥ਰਹਾਉ॥	(ਸਿੱਧ) ਪੁੱਜੇ	Kaethak Sidhh Bheae Liv Laagae ||1|| Rehaao ||	- many of them have become Siddhas - perfect spiritual beings - with their consciousness attuned to the Lord. ||1||Pause||	ਬਥੇਰੇ ਉਹ ਮਨੁੱਖ (ਜੀਵਨ-ਸਫ਼ਰ ਦੀ ਦੌੜ ਵਿਚ) ਪੁੱਗ ਗਏ ਹਨ, ਜਿਨ੍ਹਾਂ ਨੇ (ਨਾਮ ਵਿਚ ਹੀ) ਸੁਰਤ ਜੋੜੀ ਰੱਖੀ ਹੈ ॥੧॥ ਰਹਾਉ ॥

15164	330	ਸਾਧਕ ਸਿਧ ਸਗਲ ਮੁਨਿ ਹਾਰੇ॥	(ਸਾਧਕ) ਸਾਧਨਾ ਕਰਨ ਵਾਲੇ ਸਿੱਧ	Saadhhak Sidhh Sagal Mun Haarae ||	The seekers, the Siddhas and the silent sages have all lost the game.	(ਜੋਗ-) ਸਾਧਨ ਕਰਨ ਵਾਲੇ, (ਜੋਗ-ਸਾਧਨਾਂ ਵਿਚ) ਪੁੱਗੇ ਹੋਏ ਜੋਗੀ ਤੇ ਸਾਰੇ ਮੁਨੀ ਲੋਕ (ਸੰਸਾਰ-ਸਮੁੰਦਰ ਤੋਂ ਤਰਨ ਦੇ ਹੋਰ ਹੋਰ ਵਸੀਲੇ ਲੱਭ ਲੱਭ ਕੇ) ਥੱਕ ਗਏ ਹਨ;
15165	330	ਏਕ ਨਾਮ ਕਲਿਪਤਰ ਤਾਰੇ॥੧॥	ਜਹਾਜ ਰੂਪ ਨਾਮ ਜੀ ਕਲਿਪ-ਤਰ ਨੂੰ (ਤਾਰੇ) ਤਾਰਨ ਵਾਲੇ ਹਨ	Eaek Naam Kalip Thar Thaarae ||1||	The One Name is the wish-fulfilling Elysian Tree, which saves them and carries them across. ||1||	ਕੇਵਲ ਪ੍ਰਭੂ ਦਾ ਨਾਮ ਹੀ ਕਲਪ-ਰੁੱਖ ਹੈ ਜੋ (ਜੀਵਾਂ ਦਾ) ਬੇੜਾ ਪਾਰ ਕਰਦਾ ਹੈ ॥੧॥
15166	330	ਜੋ ਹਰਿ ਹਰੇ ਸੁ ਹੋਹਿ ਨ ਆਨਾ॥		Jo Har Harae S Hohi N Aanaa ||	Those who are rejuvenated by the Lord, do not belong to any other.	ਜੋ ਮਨੁੱਖ ਪ੍ਰਭੂ ਦਾ ਸਿਮਰਨ ਕਰਦੇ ਹਨ, ਉਹ ਪ੍ਰਭੂ ਤੋਂ ਵੱਖਰੇ ਨਹੀਂ ਰਹਿ ਜਾਂਦੇ,
15167	330	ਕਹਿ ਕਬੀਰ ਰਾਮ ਨਾਮ ਪਛਾਨਾ॥੨॥੩੭॥		Kehi Kabeer Raam Naam Pashhaanaa ||2||37||	Says Kabeer, they realize the Name of the Lord. ||2||37||	ਕਬੀਰ ਆਖਦਾ ਹੈ- ਉਹਨਾਂ ਨੇ ਪ੍ਰਭੂ ਦੇ ਨਾਮ ਨੂੰ ਪਛਾਣ ਲਿਆ ਹੈ (ਨਾਮ ਨਾਲ ਡੂੰਘੀ ਸਾਂਝ ਪਾ ਲਈ ਹੈ) ॥੨॥੩੭॥
15168	330	ਗਉੜੀ ਭੀ ਸੋਰਠਿ ਭੀ॥	ਨਿ-ਲੱਜ। ਤੋਹਿ: ਹੋੜੇ ਔਂਕੜ ਵਿਚਾਲੇ ਬੋਲੋ	Gourree Bhee Sorath Bhee ||	Gauree And Also Sorat'h:	
15169	330	ਰੇ ਜੀਅ ਨਿਲਜ ਲਾਜ ਤੋਹਿ ਨਾਹੀ॥		Rae Jeea Nilaj Laaj Thuohi Naahee ||	O shameless being, don't you feel ashamed?	ਹੇ ਬੇਸ਼ਰਮ ਮਨ! ਤੈਨੂੰ ਸ਼ਰਮ ਨਹੀਂ ਆਉਂਦੀ?

15170	330	ਹਰਿ ਤਜਿ ਕਤ ਕਾਹੂ ਕੇ ਜਾਂਹੀ॥੧॥ਰਹਾਉ॥		Har Thaj Kath Kaahoo Kae Jaanhee ||1|| Rehaao ||	You have forsaken the Lord - now where will you go? Unto whom will you turn? ||1||Pause||	ਪ੍ਰਭੂ ਨੂੰ ਛੱਡ ਕੇ ਕਿੱਥੇ ਤੇ ਕਿਸ ਦੇ ਪਾਸ ਤੂੰ ਜਾਂਦਾ ਹੈਂ? (ਭਾਵ, ਕਿਉਂ ਹੋਰ ਆਸਰੇ ਤੂੰ ਤੱਕਦਾ ਹੈਂ?) ॥੧॥ ਰਹਾਉ ॥
15171	330	ਜਾ ਕੋ ਠਾਕੁਰੁ ਊਚਾ ਹੋਈ॥		Jaa Ko Thaakur Oochaa Hoee ||	One whose Lord and Master is the highest and most exalted	ਜਿਸ ਮਨੁੱਖ ਦਾ ਮਾਲਕ ਵੱਡਾ ਹੋਵੇ,
15172	330	ਸੋ ਜਨੁ ਪਰ ਘਰ ਜਾਤ ਨ ਸੋਹੀ॥੧॥	(ਸੋਹੀ) ਸੋਭਦਾ	So Jan Par Ghar Jaath N Sohee ||1||	- it is not proper for him to go to the house of another. ||1||	ਉਹ ਪਰਾਏ ਘਰੀਂ ਜਾਂਦਾ ਚੰਗਾ ਨਹੀਂ ਲੱਗਦਾ ॥੧॥
15173	330	ਸੋ ਸਾਹਿਬੁ ਰਹਿਆ ਭਰਪੂਰਿ॥		So Saahib Rehiaa Bharapoor ||	That Lord and Master is pervading everywhere.	(ਹੇ ਮਨ!) ਉਹ ਮਾਲਕ ਪ੍ਰਭੂ ਸਭ ਥਾਈਂ ਮੌਜੂਦ ਹੈ,
15174	330	ਸਦਾ ਸੰਗਿ ਨਾਹੀ ਹਰਿ ਦੂਰਿ॥੨॥		Sadhaa Sang Naahee Har Dhoor ||2||	The Lord is always with us; He is never far away. ||2||	ਸਦਾ (ਤੇਰੇ) ਨਾਲ ਹੈ, (ਤੈਥੋਂ) ਦੂਰ ਨਹੀਂ ਹੈ ॥੨॥
15175	330	ਕਵਲਾ ਚਰਨ ਸਰਨ ਹੈ ਜਾ ਕੇ॥	(ਕਵਲਾ) ਮਾਇਆ	Kavalaa Charan Saran Hai Jaa Kae ||	Even Maya takes to the Sanctuary of His Lotus Feet.	ਲੱਛਮੀ (ਭੀ) ਜਿਸ ਦੇ ਚਰਨਾਂ ਦਾ ਆਸਰਾ ਲਈ ਬੈਠੀ ਹੈ,
15176	330	ਕਹੁ ਜਨ ਕਾ ਨਾਹੀ ਘਰ ਤਾ ਕੇ॥੩॥		Kahu Jan Kaa Naahee Ghar Thaa Kae ||3||	Tell me, what is there which is not in His home? ||3||	ਹੇ ਭਾਈ! ਦੱਸ, ਉਸ ਪ੍ਰਭੂ ਦੇ ਘਰ ਕਿਸ ਸ਼ੈ ਦੀ ਕਮੀ ਹੈ? ॥੩॥
15177	330	ਸਭੁ ਕੋਊ ਕਹੈ ਜਾਸੁ ਕੀ ਬਾਤਾ॥	(ਜਾਸੁ) ਜਿਸ	Sabh Kooo Kehai Jaas Kee Baathaa ||	Everyone speaks of Him; He is All-powerful.	ਜਿਸ ਪ੍ਰਭੂ ਦੀਆਂ (ਵਡਿਆਈਆਂ ਦੀਆਂ) ਗੱਲਾਂ ਹਰੇਕ ਜੀਵ ਕਰ ਰਿਹਾ ਹੈ,

15178	330	ਸੋ ਸੰਮ੍ਰਥੁ ਨਿਜ ਪਤਿ ਹੈ ਦਾਤਾ॥੪॥	ਸੰਮ੍ਰੱਥੁ	So Sanmrathh Nij Path Hai Dhaathaa ||4||	He is His Own Master; He is the Giver. ||4||	ਉਹ ਪ੍ਰਭੂ ਸਭ ਤਾਕਤਾਂ ਦਾ ਮਾਲਕ ਹੈ, ਉਹ ਸਾਡਾ (ਸਭਨਾਂ ਦਾ) ਖਸਮ ਹੈ ਤੇ ਸਭ ਪਦਾਰਥ ਦੇਣ ਵਾਲਾ ਹੈ ॥੪॥
15179	330	ਕਹੈ ਕਬੀਰੁ ਪੂਰਨ ਜਗ ਸੋਈ॥		Kehai Kabeer Pooran Jag Soee ||	Says Kabeer, he alone is perfect in this world,	ਕਬੀਰ ਆਖਦਾ ਹੈ-ਸੰਸਾਰ ਵਿਚ ਕੇਵਲ ਉਹੀ ਮਨੁੱਖ ਗੁਣਾਂ ਵਾਲਾ ਹੈ,
15180	330	ਜਾ ਕੇ ਹਿਰਦੈ ਅਵਰੁ ਨ ਹੋਈ॥੫॥੩੮॥		Jaa Kae Hiradhai Avar N Hoee ||5||38||	In whose heart there is none other than the Lord. ||5||38||	ਜਿਸ ਦੇ ਹਿਰਦੇ ਵਿਚ (ਪ੍ਰਭੂ ਤੋਂ ਬਿਨਾ) ਕੋਈ ਹੋਰ (ਦਾਤਾ ਜਚਦਾ) ਨਹੀਂ ॥੫॥੩੮॥
15181	331	ਕਉਨੁ ਕੋ ਪੂਤੁ ਪਿਤਾ ਕੋ ਕਾ ਕੋ॥		Koun Ko Pooth Pithaa Ko Kaa Ko ||	Whose son is he? Whose father is he?	ਕਿਸ ਦਾ ਕੋਈ ਪੁੱਤਰ ਹੈ? ਕਿਸ ਦਾ ਕੋਈ ਪਿਉ ਹੈ? (ਭਾਵ, ਪਿਉ ਤੇ ਪੁੱਤਰ ਵਾਲਾ ਸਾਕ ਸਦਾ ਕਾਇਮ ਰਹਿਣ ਵਾਲਾ ਨਹੀਂ ਹੈ, ਪ੍ਰਭੂ ਨੇ ਇਕ ਖੇਡ ਰਚੀ ਹੋਈ ਹੈ)।
15182	331	ਕਉਨੁ ਮਰੈ ਕੋ ਦੇਇ ਸੰਤਾਪੋ॥੧॥	(ਸੰਤਾਪੋ) ਦੁੱਖ। ਦੇ-ਇ	Koun Marai Ko Dhaee Santhaapo ||1||	Who dies? Who inflicts pain? ||1||	ਕੌਣ ਮਰਦਾ ਹੈ ਤੇ ਕੌਣ (ਇਸ ਮੌਤ ਦੇ ਕਾਰਨ ਪਿਛਲਿਆਂ ਨੂੰ) ਕਲੇਸ਼ ਦੇਂਦਾ ਹੈ? (ਭਾਵ, ਨਾ ਹੀ ਕੋਈ ਕਿਸੇ ਦਾ ਮਰਦਾ ਹੈ ਅਤੇ ਨਾਹ ਹੀ ਇਸ ਤਰ੍ਹਾਂ ਪਿਛਲਿਆਂ ਨੂੰ ਕਲੇਸ਼ ਦੇਂਦਾ ਹੈ, ਸੰਜੋਗਾਂ ਅਨੁਸਾਰ ਚਾਰ ਦਿਨਾਂ ਦਾ ਮੇਲਾ ਹੈ) ॥੧॥

15183	331	ਹਰਿ ठग ਜਗ ਕਉ ठगउरी ਲਾਈ॥	(ठ–ਗਉਰੀ) ठॱगबूटी। ठॱग। ਜॱਗ	Har Thag Jag Ko Thagouree Laaee ||	The Lord is the thug, who has drugged and robbed the whole world.	ਪ੍ਰਭੂ-ਠੱਗ ਨੇ ਜਗਤ (ਦੇ ਜੀਵਾਂ) ਨੂੰ ਮੋਹ-ਰੂਪ ਠਗ-ਬੂਟੀ ਲਾਈ ਹੋਈ ਹੈ (ਜਿਸ ਕਰਕੇ ਜੀਵ ਸੰਬੰਧੀਆਂ ਦਾ ਮੋਹ ਰੱਖ ਕੇ ਤੇ ਪ੍ਰਭੂ ਨੂੰ ਭੁਲਾ ਕੇ ਕਲੇਸ਼ ਪਾ ਰਹੇ ਹਨ),
15184	331	ਹਰਿ ਕੇ ਬਿਓਗ ਕੈਸੇ ਜੀਅਉ ਮੇਰੀ ਮਾਈ॥੧॥ਰਹਾਉ॥	(ਬਿਓਗ) ਵਿਛੋੜਾ	Har Kae Bioug Kaisae Jeeao Maeree Maaee ||1|| Rehaao ||	I am separated from the Lord; how can I survive, O my mother? ||1||Pause||	ਪਰ ਹੇ ਮੇਰੀ ਮਾਂ! (ਮੈਂ ਇਸ ਠਗ-ਬੂਟੀ ਵਿਚ ਨਹੀਂ ਫਸਿਆ, ਕਿਉਂਕਿ) ਮੈਂ ਪ੍ਰਭੂ ਤੋਂ ਵਿੱਛੜ ਕੇ ਜੀਊਂ ਹੀ ਨਹੀਂ ਸਕਦਾ ॥੧॥ ਰਹਾਉ ॥
15185	331	ਕਉਨ ਕੋ ਪੁਰਖੁ ਕਉਨ ਕੀ ਨਾਰੀ॥		Koun Ko Purakh Koun Kee Naaree ||	Whose husband is he? Whose wife is she?	ਕਿਸ (ਇਸਤ੍ਰੀ) ਦਾ ਕੋਈ ਖਸਮ? ਕਿਸ (ਖਸਮ) ਦੀ ਕੋਈ ਵਹੁਟੀ? (ਭਾਵ, ਇਹ ਇਸਤ੍ਰੀ ਪਤੀ ਵਾਲਾ ਸਾਕ ਭੀ ਜਗਤ ਵਿਚ ਸਦਾ-ਥਿਰ ਰਹਿਣ ਵਾਲਾ ਨਹੀਂ, ਇਹ ਖੇਡ ਆਖ਼ਿਰ ਮੁੱਕ ਜਾਂਦੀ ਹੈ)।
15186	331	ਇਆ ਤਤ ਲੇਹੁ ਸਰੀਰ ਬਿਚਾਰੀ॥੨॥	(ਤੱਤ) ਸਿਧਾਂਤ	Eiaa Thath Laehu Sareer Bichaaree ||2||	Contemplate this reality within your body. ||2||	ਇਸ ਅਸਲੀਅਤ ਨੂੰ (ਹੇ ਭਾਈ!) ਇਸ ਮਨੁੱਖਾ ਸਰੀਰ ਵਿਚ ਹੀ ਸਮਝੋ (ਭਾਵ, ਇਹ ਮਨੁੱਖਾ ਜਨਮ ਹੀ ਮੌਕਾ ਹੈ, ਜਦੋਂ ਇਹ ਅਸਲੀਅਤ ਸਮਝੀ ਜਾ ਸਕਦੀ ਹੈ) ॥੨॥

15187	331	ਕਹਿ ਕਬੀਰ ਠਗ ਸਿਉ ਮਨੁ ਮਾਨਿਆ॥	ਠੱਗ	Kehi Kabeer Thag Sio Man Maaniaa ||	Says Kabeer, my mind is pleased and satisfied with the thug.	ਕਬੀਰ ਆਖਦਾ ਹੈ-ਜਿਸ ਜੀਵ ਦਾ ਮਨ (ਮੋਹ-ਰੂਪ ਠਗਬੂਟੀ ਬਨਾਣ ਵਾਲੇ ਪ੍ਰਭੂ-) ਠੱਗ ਨਾਲ ਇਕ-ਮਿਕ ਹੋ ਗਿਆ ਹੈ,
15188	331	ਗਈ ਠਗਉਰੀ ਠਗੁ ਪਹਿਚਾਨਿਆ॥੩॥੩੯॥	ਠ-ਗਉਰੀ। ਠੱਗ	Gee Thagouree Thag Pehichaaniaa ||3||39||	The effects of the drug have vanished, since I recognized the thug. ||3||39||	(ਉਸ ਵਾਸਤੇ) ਠਗ-ਬੂਟੀ ਮੁੱਕ ਗਈ (ਸਮਝੋ), ਕਿਉਂਕਿ ਉਸ ਨੇ ਮੋਹ ਦੇ ਪੈਦਾ ਕਰਨ ਵਾਲੇ ਨਾਲ ਸਾਂਝ ਪਾ ਲਈ ਹੈ ॥੩॥੩੯॥
15189	331	ਅਬ ਮੋਕਉ ਭਏ ਰਾਜਾਰਾਮ ਸਹਾਈ॥		Ab Mo Ko Bheae Raajaa Raam Sehaaee ||	Now, the Lord, my King, has become my help and support.	ਹਰ ਥਾਂ ਚਾਨਣ ਕਰਨ ਵਾਲੇ ਪ੍ਰਭੂ ਜੀ ਹੁਣ ਮੇਰੇ ਮਦਦਗਾਰ ਬਣ ਗਏ ਹਨ,
15190	331	ਜਨਮ ਮਰਨ ਕਟਿ ਪਰਮਗਤਿ ਪਾਈ॥੧॥ਰਹਾਉ॥		Janam Maran Katt Param Gath Paaee ||1|| Rehaao ||	I have cut away birth and death, and attained the supreme status. ||1||Pause||	(ਤਾਹੀਏਂ) ਮੈਂ ਜਨਮ ਮਰਨ ਦੀ (ਬੇੜੀ) ਕੱਟ ਕੇ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲਈ ਹੈ ॥੧॥ ਰਹਾਉ ॥
15191	331	ਸਾਧੂਸੰਗਤਿ ਦੀਓ ਰਲਾਇ॥		Saadhhoo Sangath Dheeou Ralaae ||	He has united me with the Saadh Sangat, the Company of the Holy.	(ਪ੍ਰਭੂ ਨੇ) ਮੈਨੂੰ ਸਤਸੰਗ ਵਿਚ ਰਲਾ ਦਿੱਤਾ ਹੈ,
15192	331	ਪੰਚ ਦੂਤ ਤੇ ਲੀਓ ਛਡਾਇ॥		Panch Dhooth Thae Leeou Shhaddaae ||	He has rescued me from the five demons.	ਤੇ (ਕਾਮ ਆਦਿਕ) ਪੰਜ ਵੈਰੀਆਂ ਤੋਂ ਉਸ ਨੇ ਮੈਨੂੰ ਬਚਾ ਲਿਆ ਹੈ।

15193	331	ਅੰਮ੍ਰਿਤ ਨਾਮੁ ਜਪਉ ਜਪੁ ਰਸਨਾ॥		Anmrith Naam Japo Jap Rasanaa ||	I chant with my tongue and meditate on the Ambrosial Naam, the Name of the Lord.	ਹੁਣ ਮੈਂ ਜੀਭ ਨਾਲ ਉਸ ਦਾ ਅਮਰ ਕਰਨ ਵਾਲਾ ਨਾਮ-ਰੂਪ ਜਾਪ ਜਪਦਾ ਹਾਂ।
15194	331	ਅਮੋਲ ਦਾਸੁ ਕਰਿ ਲੀਨੋ ਅਪਨਾ॥੧॥		Amol Dhaas Kar Leeno Apanaa ||1||	He has made me his own slave. ||1||	ਮੈਨੂੰ ਤਾਂ ਉਸ ਨੇ ਬਿਨਾ ਦੰਮਾਂ ਦੇ ਆਪਣਾ ਗੋਲਾ ਬਣਾ ਲਿਆ ਹੈ ॥੧॥
15195	331	ਸਤਿਗੁਰ ਕੀਨੋ ਪਰਉਪਕਾਰੁ॥		Sathigur Keeno Paroupakaar ||	The True Guru has blessed me with His generosity.	ਸਤਿਗੁਰੂ ਨੇ (ਮੇਰੇ ਉਤੇ) ਬੜੀ ਮਿਹਰ ਕੀਤੀ ਹੈ,
15196	331	ਕਾਢਿ ਲੀਨ ਸਾਗਰ ਸੰਸਾਰ॥		Kaadt Leen Saagar Sansaar ||	He has lifted me up, out of the world-ocean.	ਮੈਨੂੰ ਉਸ ਨੇ ਸੰਸਾਰ-ਸਮੁੰਦਰ ਵਿਚੋਂ ਕੱਢ ਲਿਆ ਹੈ।
15197	331	ਚਰਨਕਮਲ ਸਿਉ ਲਾਗੀ ਪ੍ਰੀਤਿ॥		Charan Kamal Sio Laagee Preeth ||	I have fallen in love with His Lotus Feet.	ਮੇਰੀ ਹੁਣ ਪ੍ਰਭੂ ਦੇ ਸੋਹਣੇ ਚਰਨਾਂ ਨਾਲ ਪ੍ਰੀਤ ਬਣ ਗਈ ਹੈ।
15198	331	ਗੋਬਿੰਦੁ ਬਸੈ ਨਿਤਾ ਨਿਤ ਚੀਤ॥੨॥	ਨਿੱਤਾ ਨਿੱਤ	Gobindh Basai Nithaa Nith Cheeth ||2||	The Lord of the Universe dwells continually within my consciousness. ||2||	ਪ੍ਰਭੂ ਹਰ ਵੇਲੇ ਮੇਰੇ ਚਿੱਤ ਵਿਚ ਵੱਸ ਰਿਹਾ ਹੈ ॥੨॥
15199	331	ਮਾਇਆ ਤਪਤਿ ਬੁਝਿਆ ਅੰਗਿਆਰੁ॥	ਬੁਝਿਆ: ਪੋਲਾ ਬੋਲੋ	Maaeiaa Thapath Bujhiaa Angiaar ||	The burning fire of Maya has been extinguished.	(ਮੇਰੇ ਅੰਦਰੋਂ) ਮਾਇਆ ਵਾਲੀ ਸੜਨ ਮਿਟ ਗਈ ਹੈ। ਮਾਇਆ ਦਾ ਬਦਲਾ ਭਾਂਬੜ ਬੁੱਝ ਗਿਆ ਹੈ;
15200	331	ਮਨਿ ਸੰਤੋਖੁ ਨਾਮੁ ਆਧਾਰੁ॥		Man Santhokh Naam Aadhhaar ||	My mind is contented with the Support of the Naam.	(ਹੁਣ) ਮੇਰੇ ਮਨ ਵਿਚ ਸੰਤੋਖ ਹੈ, (ਪ੍ਰਭੂ ਦਾ) ਨਾਮ (ਮਾਇਆ ਦੇ ਥਾਂ ਮੇਰੇ ਮਨ ਦਾ) ਆਸਰਾ ਬਣ ਗਿਆ ਹੈ।

15201	331	ਜਲਿ ਥਲਿ ਪੂਰਿ ਰਹੇ ਪ੍ਰਭ ਸੁਆਮੀ॥		Jal Thhal Poor Rehae Prabh Suaamee ||	God, the Lord and Master, is totally permeating the water and the land.	ਪਾਣੀ ਵਿਚ, ਧਰਤੀ ਤੇ, ਹਰ ਥਾਂ ਪ੍ਰਭੂ-ਖਸਮ ਜੀ ਵੱਸ ਰਹੇ (ਜਾਪਦੇ) ਹਨ;
15202	331	ਜਤ ਪੇਖਉ ਤਤ ਅੰਤਰਜਾਮੀ॥੩॥		Jath Paekho Thath Antharajaamee ||3||	Wherever I look, there is the Inner-knower, the Searcher of hearts. ||3||	ਮੈਂ ਜਿੱਧਰ ਤੱਕਦਾ ਹਾਂ, ਓਧਰ ਘਟ ਘਟ ਦੀ ਜਾਣਨ ਵਾਲਾ ਪ੍ਰਭੂ ਹੀ (ਦਿੱਸਦਾ) ਹੈ ॥੩॥
15203	331	ਅਪਨੀ ਭਗਤਿ ਆਪਿ ਹੀ ਦ੍ਰਿੜਾਈ॥		Apanee Bhagath Aap Hee Dhrirraaee ||	He Himself has implanted His devotional worship within me.	ਪ੍ਰਭੂ ਨੇ ਆਪ ਹੀ ਆਪਣੀ ਭਗਤੀ ਮੇਰੇ ਹਿਰਦੇ ਵਿਚ ਪੱਕੀ ਕੀਤੀ ਹੈ।
15204	331	ਪੂਰਬ ਲਿਖਤੁ ਮਿਲਿਆ ਮੇਰੇ ਭਾਈ॥		Poorab Likhath Miliaa Maerae Bhaaee ||	By pre-ordained destiny, one meets Him, O my Siblings of Destiny.	ਹੇ ਪਿਆਰੇ ਵੀਰ! (ਮੈਨੂੰ ਤਾਂ) ਪਿਛਲੇ ਜਨਮਾਂ ਦੇ ਕੀਤੇ ਕਰਮਾਂ ਦਾ ਲੇਖ ਮਿਲ ਪਿਆ ਹੈ (ਮੇਰੇ ਤਾਂ ਭਾਗ ਜਾਗ ਪਏ ਹਨ)।
15205	331	ਜਿਸੁ ਕ੍ਰਿਪਾ ਕਰੇ ਤਿਸੁ ਪੂਰਨ ਸਾਜ॥	(ਸਾਜ) ਹਥਿਆਰ ਗ੍ਰੀਬੀ ਰੂਪੀ ਗਦਾ, ਬ੍ਰਹਮਗਿਆਨ ਰੂਪੀ ਖੰਡਾ, ਭਾਉਭਗਤੀ ਰੂਪੀ ਗੁਰਜ	Jis Kirapaa Karae This Pooran Saaj ||	When He grants His Grace, one is perfectly fulfilled.	ਜਿਸ (ਭੀ ਜੀਵ) ਉੱਤੇ ਮਿਹਰ ਕਰਦਾ ਹੈ, ਉਸ ਲਈ (ਅਜਿਹਾ) ਸੋਹਣਾ ਸਬੱਬ ਬਣਾ ਦੇਂਦਾ ਹੈ।
15206	331	ਕਬੀਰ ਕੋ ਸੁਆਮੀ ਗਰੀਬ ਨਿਵਾਜ॥੪॥੪੦॥		Kabeer Ko Suaamee Gareeb Nivaaj ||4||40||	Kabeer's Lord and Master is the Cherisher of the poor. ||4||40||	ਕਬੀਰ ਦਾ ਖਸਮ-ਪ੍ਰਭੂ ਗ਼ਰੀਬਾਂ ਨੂੰ ਨਿਵਾਜਣ ਵਾਲਾ ਹੈ ॥੪॥੪੦॥

15207	331	ਜਲਿ ਹੈ ਸੂਤਕੁ ਥਲ ਹੈ ਸੂਤਕੁ ਸੂਤਕ ਓਪਤਿ ਹੋਈ॥		Jal Hai Soothak Thhal Hai Soothak Soothak Oupath Hoee ||	There is pollution in the water, and pollution on the land; whatever is born is polluted.	(ਜੇ ਜੀਵਾਂ ਦੇ ਜੰਮਣ ਤੇ ਮਰਨ ਨਾਲ ਸੂਤਕ-ਪਾਤਕ ਦੀ ਭਿੱਟ ਪੈਦਾ ਹੋ ਜਾਂਦੀ ਹੈ ਤਾਂ) ਪਾਣੀ ਵਿਚ ਸੂਤਕ ਹੈ, ਧਰਤੀ ਉਤੇ ਸੂਤਕ ਹੈ, (ਹਰ ਥਾਂ) ਸੂਤਕ ਦੀ ਉਤਪੱਤੀ ਹੈ (ਭਾਵ, ਹਰ ਥਾਂ ਭਿੱਟਿਆ ਹੋਇਆ ਹੈ, ਕਿਉਂਕਿ)
15208	331	ਜਨਮੇ ਸੂਤਕੁ ਮੂਏ ਫੁਨਿ ਸੂਤਕੁ ਸੂਤਕ ਪਰਜ ਬਿਗੋਈ॥੧॥	(ਸੂਤਕੁ) ਅਸ਼ੁੱਧੀ। (ਪਰਜ) ਪਰਜਾ ਦੁਨੀਆ। (ਵਿਗੋਈ) ਖੁਆਰ	Janamae Soothak Mooeae Fun Soothak Soothak Paraj Bigoee ||1||	There is pollution in birth, and more pollution in death; all beings are ruined by pollution. ||1||	ਕਿਸੇ ਜੀਵ ਦੇ ਜੰਮਣ ਤੇ ਸੂਤਕ (ਪੈ ਜਾਂਦਾ ਹੈ) ਫਿਰ ਮਰਨ ਤੇ ਭੀ ਸੂਤਕ (ਆ ਪੈਂਦਾ ਹੈ); (ਇਸ) ਭਿੱਟ (ਤੇ ਭਰਮ) ਵਿਚ ਦੁਨੀਆ ਖ਼ੁਆਰ ਹੋ ਰਹੀ ਹੈ ॥੧॥
15209	331	ਕਹੁ ਰੇ ਪੰਡੀਆ ਕਉਨ ਪਵੀਤਾ॥		Kahu Rae Panddeeaa Koun Paveethaa ||	Tell me, O Pandit, O religious scholar: who is clean and pure?	ਹੇ ਪੰਡਿਤ! (ਜਦੋਂ ਹਰ ਥਾਂ ਸੂਤਕ ਪੈ ਰਿਹਾ ਹੈ) ਸੁੱਚਾ ਕੌਣ (ਹੋ ਸਕਦਾ) ਹੈ?
15210	331	ਐਸਾ ਗਿਆਨੁ ਜਪਹੁ ਮੇਰੇ ਮੀਤਾ॥੧॥ਰਹਾਉ॥		Aisaa Giaan Japahu Maerae Meethaa ||1|| Rehaao ||	Meditate on such spiritual wisdom, O my friend. ||1||Pause||	(ਤਾਂ ਫਿਰ) ਹੇ ਪਿਆਰੇ ਮਿੱਤਰ! ਇਸ ਗੱਲ ਨੂੰ ਗਹੁ ਨਾਲ ਵਿਚਾਰ ਤੇ ਦੱਸ ॥੧॥ ਰਹਾਉ ॥

15211	331	ਨੈਨਹੁ ਸੂਤਕੁ ਬੈਨਹੁ ਸੂਤਕੁ ਸੂਤਕੁ ਸ੍ਰਵਨੀ ਹੋਈ॥		Nainahu Soothak Bainahu Soothak Soothak Sravanee Hoee ||	There is pollution in the eyes, and pollution in speech; there is pollution in the ears as well.	(ਨਿਰੇ ਇਹਨੀਂ ਅੱਖੀਂ ਦਿੱਸਦੇ ਜੀਵ ਹੀ ਨਹੀਂ ਜੰਮਦੇ ਮਰਦੇ, ਸਾਡੇ ਬੋਲਣ ਚਾਲਣ ਆਦਿਕ ਹਰਕਤਾਂ ਨਾਲ ਕਈ ਸੂਖਮ ਜੀਵ ਮਰ ਰਹੇ ਹਨ, ਤਾਂ ਫਿਰ) ਅੱਖਾਂ ਵਿਚ ਸੂਤਕ ਹੈ, ਬੋਲਣ (ਭਾਵ, ਜੀਭ) ਵਿਚ ਸੂਤਕ ਹੈ, ਕੰਨਾਂ ਵਿਚ ਭੀ ਸੂਤਕ ਹੈ।
15212	331	ਊਠਤ ਬੈਠਤ ਸੂਤਕੁ ਲਾਗੈ ਸੂਤਕੁ ਪਰੈ ਰਸੋਈ॥੨॥		Oothath Baithath Soothak Laagai Soothak Parai Rasoee ||2||	Standing up and sitting down, one is polluted; one's kitchen is polluted as well. ||2||	ਉਠਦਿਆਂ ਬੈਠਦਿਆਂ ਹਰ ਵੇਲੇ (ਸਾਨੂੰ) ਸੂਤਕ ਪੈ ਰਿਹਾ ਹੈ, (ਸਾਡੀ) ਰਸੋਈ ਵਿਚ ਭੀ ਸੂਤਕ ਹੈ ॥੨॥
15213	331	ਫਾਸਨ ਕੀ ਬਿਧਿ ਸਭੁ ਕੋਊ ਜਾਨੈ ਛੂਟਨ ਕੀ ਇਕੁ ਕੋਈ॥		Faasan Kee Bidhh Sabh Kooo Jaanai Shhoottan Kee Eik Koee ||	Everyone knows how to be caught, but hardly anyone knows how to escape.	(ਜਿੱਧਰ ਵੇਖੋ) ਹਰੇਕ ਜੀਵ (ਸੂਤਕ ਦੇ ਭਰਮਾਂ ਵਿਚ) ਫਸਣ ਦਾ ਹੀ ਢੰਗ ਜਾਣਦਾ ਹੈ, (ਇਹਨਾਂ ਵਿਚੋਂ) ਖ਼ਲਾਸੀ ਕਰਾਣ ਦੀ ਸਮਝ ਕਿਸੇ ਵਿਰਲੇ ਨੂੰ ਹੈ।
15214	331	ਕਹਿ ਕਬੀਰ ਰਾਮੁ ਰਿਦੈ ਬਿਚਾਰੈ ਸੂਤਕੁ ਤਿਨੈ ਨ ਹੋਈ॥੩॥੪੧॥		Kehi Kabeer Raam Ridhai Bichaarai Soothak Thinai N Hoee ||3||41||	Says Kabeer, those who meditate on the Lord within their hearts, are not polluted. ||3||41||	ਕਬੀਰ ਆਖਦਾ ਹੈ-ਜੋ ਜੋ ਮਨੁੱਖ (ਆਪਣੇ) ਹਿਰਦੇ ਵਿਚ ਪ੍ਰਭੂ ਨੂੰ ਸਿਮਰਦਾ ਹੈ, ਉਹਨਾਂ ਨੂੰ (ਇਹ) ਭਿੱਟ ਨਹੀਂ ਲੱਗਦੀ ॥੩॥੪੧॥
15215	331	ਗਉੜੀ॥		Gourree ||	Gauree:	

15216	331	ਝਗਰਾ ਏਕੁ ਨਿਬੇਰਹੁ ਰਾਮ॥	ਨਿਬੇਰ-ਹੁ	Jhagaraa Eaek Nibaerahu Raam ||	Resolve this one conflict for me, O Lord,	ਇਹ ਇਕ (ਵੱਡਾ) ਸ਼ੰਕਾ ਦੂਰ ਕਰ ਦੇਹ (ਭਾਵ, ਇਹ ਸ਼ੱਕ ਮੈਨੂੰ ਤੇਰੇ ਚਰਨਾਂ ਵਿਚ ਜੁੜਨ ਨਹੀਂ ਦੇਵੇਗਾ),
15217	331	ਜਉ ਤੁਮ ਅਪਨੇ ਜਨ ਸੌ ਕਾਮੁ॥੧॥ਰਹਾਉ॥		Jo Thum Apanae Jan Sa Kaam ||1|| Rehaao ||	If you require any work from Your humble servant. ||1||Pause||	ਹੇ ਪ੍ਰਭੂ! ਜੇ ਤੈਨੂੰ ਆਪਣੇ ਸੇਵਕ ਨਾਲ ਕੰਮ ਹੈ (ਭਾਵ, ਜੇ ਤੂੰ ਮੈਨੂੰ ਆਪਣੇ ਚਰਨਾਂ ਵਿਚ ਜੋੜੀ ਰੱਖਣਾ ਹੈ) ॥੧॥ ਰਹਾਉ ॥
15218	331	ਇਹੁ ਮਨੁ ਬਡਾ ਕਿ ਜਾ ਸਉ ਮਨੁ ਮਾਨਿਆ॥	ਬੱਡਾ	Eihu Man Baddaa K Jaa So Man Maaniaa ||	Is this mind greater, or the One to whom the mind is attuned?	ਕੀ ਇਹ ਮਨ ਬਲਵਾਨ ਹੈ ਜਾਂ (ਇਸ ਤੋਂ ਵਧੀਕ ਬਲਵਾਨ ਉਹ ਪ੍ਰਭੂ ਹੈ) ਜਿਸ ਨਾਲ ਮਨ ਪਤੀਜ ਜਾਂਦਾ ਹੈ (ਤੇ ਭਟਕਣੋਂ ਹਟ ਜਾਂਦਾ ਹੈ)?
15219	331	ਰਾਮੁ ਬਡਾ ਕੈ ਰਾਮਹਿ ਜਾਨਿਆ॥੧॥	ਰਾਮ-ਹਿ	Raam Baddaa Kai Raamehi Jaaniaa ||1||	Is the Lord greater, or one who knows the Lord? ||1||	ਕੀ ਪਰਮਾਤਮਾ ਸਤਕਾਰ-ਜੋਗ ਹੈ, ਜਾਂ (ਉਸ ਤੋਂ ਵਧੀਕ ਸਤਕਾਰ-ਜੋਗ ਉਹ ਮਹਾਂਪੁਰਖ ਹੈ), ਜਿਸ ਨੇ ਪਰਮਾਤਮਾ ਨੂੰ ਪਛਾਣ ਲਿਆ ਹੈ? ॥੧॥
15220	331	ਬ੍ਰਹਮਾ ਬਡਾ ਕਿ ਜਾਸੁ ਉਪਾਇਆ॥		Brehamaa Baddaa K Jaas Oupaaeiaa ||	Is Brahma greater, or the One who created Him?	ਕੀ ਬ੍ਰਹਮਾ (ਆਦਿਕ ਦੇਵਤਾ) ਬਲੀ ਹੈ, ਜਾਂ (ਉਸ ਤੋਂ ਵਧੀਕ ਉਹ ਪ੍ਰਭੂ ਹੈ) ਜਿਸ ਦਾ ਪੈਦਾ ਕੀਤਾ ਹੋਇਆ (ਇਹ ਬ੍ਰਹਮਾ) ਹੈ?

15221	331	ਬੇਦੁ ਬਡਾ ਕਿ ਜਹਾਂ ਤੇ ਆਇਆ॥੨॥		Baedh Baddaa K Jehaan Thae Aaeiaa ||2||	Are the Vedas greater, or the One from which they came? ||2||	ਕੀ ਵੇਦ (ਆਦਿਕ ਧਰਮ-ਪੁਸਤਕਾਂ ਦਾ ਗਿਆਨ) ਸਿਰ-ਨਿਵਾਉਣ-ਜੋਗ ਹੈ ਜਾਂ ਉਹ (ਮਹਾਂਪੁਰਖ) ਜਿਸ ਤੋਂ (ਇਹ ਗਿਆਨ) ਮਿਲਿਆ? ॥੨॥
15222	331	ਕਹਿ ਕਬੀਰ ਹਉ ਭਇਆ ਉਦਾਸੁ॥		Kehi Kabeer Ho Bhaeiaa Oudhaas ||	Says Kabeer, I have become depressed;	ਕਬੀਰ ਆਖਦਾ ਹੈ-ਮੇਰੇ ਮਨ ਵਿਚ ਇਹ ਸ਼ੱਕ ਉੱਠ ਰਿਹਾ ਹੈ,
15223	331	ਤੀਰਥੁ ਬਡਾ ਕਿ ਹਰਿ ਕਾ ਦਾਸੁ॥੩॥੪੨॥		Theerathh Baddaa K Har Kaa Dhaas ||3||42||	Is the sacred shrine of pilgrimage greater, or the slave of the Lord? ||3||42||	ਕਿ ਤੀਰਥ (ਧਰਮ-ਅਸਥਾਨ) ਪੂਜਣ-ਜੋਗ ਹੈ ਜਾਂ ਪ੍ਰਭੂ ਦਾ (ਉਹ) ਭਗਤ (ਵਧੀਕ ਪੂਜਣ-ਜੋਗ ਹੈ ਜਿਸ ਦਾ ਸਦਕਾ ਉਹ ਤੀਰਥ ਬਣਿਆ) ॥੩॥੪੨॥
15224	331	ਰਾਗੁ ਗਉੜੀ ਚੇਤੀ॥		Raag Gourree Chaethee ||	Raag Gauree Chaytee:	
15225	331	ਦੇਖੌ ਭਾਈ ਗ੍ਯਾਨ ਕੀ ਆਈ ਆਂਧੀ॥	ਚੋੱਤੀ। (ਆਂਧੀ) ਹਨੇਰੀ। ਦੇਖੌ: ਕਨੌੜਾ ਚਾੜ੍ਹ ਕੇ ਬੋਲੋ। ਗ੍ਯਾਨ:ਗਿਆਨ ਉਚਾਰੋ	Dhaekha Bhaaee Gyaan Kee Aaee Aaandhhee ||	Behold, O Siblings of Destiny, the storm of spiritual wisdom has come.	ਹੇ ਸੱਜਣ! ਵੇਖ, (ਜਦੋਂ) ਗਿਆਨ ਦੀ ਹਨੇਰੀ ਆਉਂਦੀ ਹੈ,
15226	331	ਸਭੈ ਉਡਾਨੀ ਭ੍ਰਮ ਕੀ ਟਾਟੀ ਰਹੈ ਨ ਮਾਇਆ ਬਾਂਧੀ॥੧॥ਰਹਾਉ॥	(ਟਾਟੀ) ਛੱਪਰੀ	Sabhai Ouddaanee Bhram Kee Ttaattee Rehai N Maaeiaa Baandhhee ||1|| Rehaao ||	It has totally blown away the thatched huts of doubt, and torn apart the bonds of Maya. ||1||Pause||	ਤਾਂ ਭਰਮ-ਵਹਿਮ ਦਾ ਛੱਪਰ ਸਾਰੇ ਦਾ ਸਾਰਾ ਉੱਡ ਜਾਂਦਾ ਹੈ; ਮਾਇਆ ਦੇ ਆਸਰੇ ਖਲੋਤਾ ਹੋਇਆ (ਇਹ ਛੱਪਰ ਗਿਆਨ ਦੀ ਹਨੇਰੀ ਦੇ ਅੱਗੇ) ਟਿਕਿਆ ਨਹੀਂ ਰਹਿ ਸਕਦਾ ॥੧॥ ਰਹਾਉ ॥

15227	331	ਦੁਚਿਤੇ ਕੀ ਦੁਇ ਥੂਨਿ ਗਿਰਾਨੀ ਮੋਹ ਬਲੇਡਾ ਟੂਟਾ॥	(ਦੁਇ) ਦੋਵੇਂ (ਥੂਨਿ) ਥੰਮ੍ਹੀਆਂ ਆਸਾ ਤ੍ਰਿਸ਼ਨਾ। (ਬਲੇਡਾ) ਬੱਲੀ, ਜਿਸ ਦੇ ਆਸਰੇ ਛੱਪਰ ਠਹਿਰਦਾ ਹੈ। ਦੁ-ਚਿੱਤੇ	Dhuchithae Kee Dhue Thhoon Giraanee Moh Balaeddaa Ttoottaa ||	The two pillars of double-mindedness have fallen, and the beams of emotional attachment have come crashing down.	(ਭਰਮਾਂ-ਵਹਿਮਾਂ ਵਿਚ) ਡੋਲਦੇ ਮਨ ਦੀ ਦ੍ਵੈਤ-ਰੂਪ ਥੰਮ੍ਹੀ ਡਿੱਗ ਪੈਂਦੀ ਹੈ (ਭਾਵ, ਪ੍ਰਭੂ ਦੀ ਟੇਕ ਛੱਡ ਕੇ ਕਦੇ ਕੋਈ ਆਸਰਾ ਤੱਕਣਾ, ਕਦੇ ਕੋਈ ਸਹਾਰਾ ਬਣਾਉਣਾ-ਮਨ ਦੀ ਇਹ ਡਾਵਾਂ-ਡੋਲ ਹਾਲਤ ਮੁੱਕ ਜਾਂਦੀ ਹੈ)। ਇਸ ਦੁਨੀਆਵੀ ਆਸਰੇ ਦੀ ਥੰਮ੍ਹੀ ਤੇ ਟਿਕਿਆ ਹੋਇਆ) ਮੋਹ-ਰੂਪ ਵਲਾ (ਭੀ ਡਿੱਗ ਕੇ) ਟੁੱਟ ਜਾਂਦਾ ਹੈ।
15228	331	ਤਿਸਨਾ ਛਾਨਿ ਪਰੀ ਧਰ ਊਪਰਿ ਦੁਰਮਤਿ ਭਾਂਡਾ ਫੂਟਾ॥੧॥	(ਤਿਸਨਾ) ਤ੍ਰਿਸ਼ਨਾ ਰੂਪੀ (ਛਾਨਿ) ਛੱਪਰੀ। (ਧਰ) ਧਰਤੀ	Thisanaa Shhaan Paree Dhhar Oopar Dhuramath Bhaanddaa Foottaa ||1||	The thatched roof of greed has caved in, and the pitcher of evil-mindedness has been broken. ||1||	(ਇਸ ਮੋਹ-ਰੂਪ ਵਲੇ ਤੇ ਟਿਕਿਆ ਹੋਇਆ) ਤ੍ਰਿਸ਼ਨਾ ਦਾ ਛੱਪਰ (ਵਲਾ ਟੁੱਟ ਜਾਣ ਕਰਕੇ) ਭੁੰਞੇ ਆ ਪੈਂਦਾ ਹੈ, ਤੇ ਇਸ ਕੁਚੱਜੀ ਮੱਤ ਦਾ ਭਾਂਡਾ ਭੱਜ ਜਾਂਦਾ ਹੈ (ਭਾਵ, ਇਹ ਸਾਰੀ ਦੀ ਸਾਰੀ ਕੁਚੱਜੀ ਮੱਤ ਮੁੱਕ ਜਾਂਦੀ ਹੈ) ॥੧॥

15229	332	ਆਂਧੀ ਪਾਛੈ ਜੋ ਜਲੁ ਬਰਖੈ ਤਿਹਿ ਤੇਰਾ ਜਨੁ ਭੀਨਾਂ॥		Aaandhhee Paashhae Jo Jal Barakhai Thihi Thaeraa Jan Bheenaan ||	Your servant is drenched with the rain that has fallen in this storm.	(ਗਿਆਨ ਦੀ) ਹਨੇਰੀ ਦੇ ਪਿਛੋਂ ਜਿਹੜਾ ('ਨਾਮ' ਦਾ) ਮੀਂਹ ਵਰ੍ਹਦਾ ਹੈ, ਉਸ ਵਿਚ (ਹੇ ਪ੍ਰਭੂ! ਤੇਰੀ ਭਗਤੀ ਕਰਨ ਵਾਲਾ) ਤੇਰਾ ਭਗਤ ਭਿੱਜ ਜਾਂਦਾ ਹੈ (ਭਾਵ, ਗਿਆਨ ਦੀ ਬਰਕਤਿ ਨਾਲ ਭਰਮ-ਵਹਿਮ ਮੁੱਕ ਜਾਣ ਤੇ ਜਿਉਂ ਜਿਉਂ ਮਨੁੱਖ ਨਾਮ ਜਪਦਾ ਹੈ, ਉਸ ਦੇ ਮਨ ਵਿਚ ਸ਼ਾਂਤੀ ਤੇ ਟਿਕਾਉ ਪੈਦਾ ਹੁੰਦਾ ਹੈ)।
15230	332	ਕਹਿ ਕਬੀਰ ਮਨਿ ਭਇਆ ਪ੍ਰਗਾਸਾ ਉਦੈ ਭਾਨੁ ਜਬ ਚੀਨਾ॥੨॥੪੩॥	(ਉਦੈ) ਚੜ੍ਹਿਆ (ਭਾਨੁ) ਸੂਰਜ। (ਚੀਨਾ) ਦੇਖਿਆ	Kehi Kabeer Man Bhaeiaa Pragaasaa Oudhai Bhaan Jab Cheenaa ||2||43||	Says Kabeer, my mind became enlightened, when I saw the sun rise. ||2||43||	ਕਬੀਰ ਆਖਦਾ ਹੈ-ਜਦੋਂ (ਹੇ ਪ੍ਰਭੂ! ਤੇਰਾ ਸੇਵਕ) ਆਪਣੇ ਅੰਦਰ (ਤੇਰੇ ਨਾਮ ਦਾ) ਸੂਰਜ ਚੜ੍ਹਿਆ ਹੋਇਆ ਤੱਕਦਾ ਹੈ ਤਾਂ ਉਸ ਦੇ ਮਨ ਵਿਚ ਚਾਨਣ (ਹੀ ਚਾਨਣ) ਹੋ ਜਾਂਦਾ ਹੈ ॥੨॥੪੩॥
15231	332	ਗਉੜੀ ਚੇਤੀ		Gourree Chaethee	Gauree Chaytee:	ਰਾਗ ਗਉੜੀ-ਚੇਤੀ।
15232	332	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

15233	332	ਹਰਿ ਜਸੁ ਸੁਨਹਿ ਨ ਹਰਿ ਗੁਨ ਗਾਵਹਿ॥	ਨ: ਦੇਲ੍ਹੀ ਦੀਵਾ ਹੈ, ਅਗਲੇ ਤੇ ਪਿਛਲੇ ਅੱਖਰਾਂ ਨਾਲ ਲਗਕੇ ਅਰਥ ਕਰੋ ਜੀ। ਅਰਥ ਕਰਨ ਵੇਲੇ ਨ ਇਸ ਤਰਾਂ ਲਗੇਗਾ-ਹਰਿ ਜਸੁ ਸੁਨਹਿ ਨ, ਨ ਹਰਿ ਗੁਨ ਗਾਵਹਿ ।ਗਾਵ-ਹਿ	Har Jas Sunehi N Har Gun Gaavehi ||	They do not listen to the Lord's Praises and they do not sing the Lord's Glories	(ਕਈ ਮਨੁੱਖ ਆਪ) ਨਾਹ ਕਦੇ ਪ੍ਰਭੂ ਦੀ ਸਿਫ਼ਤਿ-ਸਾਲਾਹ ਸੁਣਦੇ ਹਨ, ਨਾਹ ਹਰੀ ਦੇ ਗੁਣ ਗਾਉਂਦੇ ਹਨ,
15234	332	ਬਾਤਨ ਹੀ ਅਸਮਾਨੁ ਗਿਰਾਵਹਿ॥੧॥	ਗਿਰਾਵ-ਹਿ। (ਦੂਜਾ ਪਾਠ: ਬਾਤ ਨਹੀ)	Baathan Hee Asamaan Giraavehi ||1||	But they try to bring down the sky with their talk. ||1||	ਪਰ ਸ਼ੇਖ਼ੀ ਦੀਆਂ ਗੱਲਾਂ ਨਾਲ ਤਾਂ (ਮਾਨੋ) ਅਸਮਾਨ ਨੂੰ ਢਾਹ ਲੈਂਦੇ ਹਨ ॥੧॥
15235	332	ਐਸੇ ਲੋਗਨ ਸਿਉ ਕਿਆ ਕਹੀਐ॥		Aisae Logan Sio Kiaa Keheeai ||	What can anyone say to such people?	ਅਜਿਹੇ ਬੰਦਿਆਂ ਨੂੰ ਭਲੀ ਮੱਤ ਦੇਣ ਦਾ ਕੋਈ ਲਾਭ ਨਹੀਂ,
15236	332	ਜੋ ਪ੍ਰਭ ਕੀਏ ਭਗਤਿ ਤੇ ਬਾਹਜ ਤਿਨ ਤੇ ਸਦਾ ਡਰਾਨੇ ਰਹੀਐ॥੧॥ਰਹਾਉ॥	(ਬਾਹਜ) ਸੱਖਣੇ	Jo Prabh Keeeae Bhagath Thae Baahaj Thin Thae Sadhaa Ddaraanae Reheeai ||1|| Rehaao ||	You should always be careful around those whom God has excluded from His devotional worship. ||1||Pause||	ਜਿਨ੍ਹਾਂ ਨੂੰ ਪ੍ਰਭੂ ਨੇ ਭਗਤੀ ਤੋਂ ਵਾਂਜੇ ਰੱਖਿਆ ਹੈ (ਉਹਨਾਂ ਨੂੰ ਮੱਤ ਦੇਣ ਦੇ ਥਾਂ ਸਗੋਂ) ਉਹਨਾਂ ਤੋਂ ਸਦਾ ਦੂਰ ਦੂਰ ਹੀ ਰਹਿਣਾ ਚਾਹੀਦਾ ਹੈ ॥੧॥ ਰਹਾਉ ॥
15237	332	ਆਪਿ ਨ ਦੇਹਿ ਚੁਰੂ ਭਰਿ ਪਾਨੀ॥	(ਚੁਰੂ) ਚੁਲੀ ਜਿੰਨਾ	Aap N Dhaehi Churoo Bhar Paanee ||	They do not offer even a handful of water,	(ਉਹ ਲੋਕ) ਆਪ ਤਾਂ (ਕਿਸੇ ਨੂੰ) ਇਕ ਚੁਲੀ ਜਿਤਨਾ ਪਾਣੀ ਭੀ ਨਹੀਂ ਦੇਂਦੇ,

15238	332	ਤਿਹ ਨਿੰਦਹਿ ਜਿਹ ਗੰਗਾ ਆਨੀ॥੨॥		Thih Nindhehi Jih Gangaa Aanee ||2||	While they slander the one who brought forth the Ganges. ||2||	ਪਰ ਨਿੰਦਿਆ ਉਹਨਾਂ ਦੀ ਕਰਦੇ ਹਨ ਜਿਨ੍ਹਾਂ ਨੇ ਗੰਗਾ ਵਗਾ ਦਿੱਤੀ ਹੋਵੇ ॥੨॥
15239	332	ਬੈਠਤ ਉਠਤ ਕੁਟਿਲਤਾ ਚਾਲਹਿ॥	(ਕੁਟਿਲ-ਤਾ) ਟੇਢਤਾਈ	Baithath Outhath Kuttilathaa Chaalehi ||	Sitting down or standing up, their ways are crooked and evil.	ਬੈਠਦਿਆਂ ਉਠਦਿਆਂ (ਹਰ ਵੇਲੇ ਉਹ) ਟੇਢੀਆਂ ਚਾਲਾਂ ਹੀ ਚੱਲਦੇ ਹਨ,
15240	332	ਆਪੁ ਗਏ ਅਉਰਨ ਹੂ ਘਾਲਹਿ॥੩॥	ਚੌਰਾਸੀ ਚ (ਘਾਲਹਿ) ਘੱਲਦੇ	Aap Geae Aouran Hoo Ghaalehi ||3||	They ruin themselves, and then they ruin others. ||3||	ਉਹ ਆਪਣੇ ਆਪ ਤੋਂ ਗਏ-ਗੁਜ਼ਰੇ ਬੰਦੇ ਹੋਰਨਾਂ ਨੂੰ ਭੀ ਕੁਰਾਹੇ ਪਾਂਦੇ ਹਨ ॥੩॥
15241	332	ਛਾਡਿ ਕੁਚਰਚਾ ਆਨ ਨ ਜਾਨਹਿ॥	(ਕੁ-ਚਰਚਾ) ਖੋਟੀ ਚਰਚਾ	Shhaadd Kucharachaa Aan N Jaanehi ||	They know nothing except evil talk.	ਫੋਕੀ ਬਹਿਸ ਤੋਂ ਬਿਨਾ ਉਹ ਹੋਰ ਕੁਝ ਕਰਨਾ ਜਾਣਦੇ ਹੀ ਨਹੀਂ,
15242	332	ਬ੍ਰਹਮਾ ਹੂ ਕੋ ਕਹਿਓ ਨ ਮਾਨਹਿ॥੪॥	(ਬ੍ਰਹਮਾ) ਗੁਰੂ ਪ੍ਰਮਾਤਮਾ	Brehamaa Hoo Ko Kehiou N Maanehi ||4||	They would not even obey Brahma's orders. ||4||	ਕਿਸੇ ਵੱਡੇ ਤੋਂ ਵੱਡੇ ਮੰਨੇ-ਪ੍ਰਮੰਨੇ ਸਿਆਣੇ ਦੀ ਭੀ ਗੱਲ ਨਹੀਂ ਮੰਨਦੇ ॥੪॥
15243	332	ਆਪੁ ਗਏ ਅਉਰਨ ਹੂ ਖੋਵਹਿ॥	(ਖੋਵਹਿ) ਖੁੰਝਾਉਂਦੇ	Aap Geae Aouran Hoo Khovehi ||	They themselves are lost, and they mislead others as well.	ਆਪਣੇ ਆਪ ਤੋਂ ਗਏ-ਗੁਜ਼ਰੇ ਉਹ ਲੋਕ ਹੋਰਨਾਂ ਨੂੰ ਭੀ ਖੁੰਝਾਉਂਦੇ ਹਨ,

15244	332	ਆਗਿ ਲਗਾਇ ਮੰਦਰ ਮੈ ਸੋਵਹਿ॥੫॥		Aag Lagaae Mandhar Mai Sovehi ||5||	They set their own temple on fire, and then they fall asleep within it. ||5||	ਉਹ (ਮਾਨੋ, ਆਪਣੇ ਹੀ ਘਰ ਨੂੰ) ਅੱਗ ਲਾ ਕੇ ਘਰ ਵਿਚ ਸੌਂ ਰਹੇ ਹਨ ॥੫॥
15245	332	ਅਵਰਨ ਹਸਤ ਆਪ ਹਹਿ ਕਾਂਨੇ॥	(ਕਾਂਨੇ) ਕਾਣੇ। ਅਵ-ਰਨ	Avaran Hasath Aap Hehi Kaannae ||	They laugh at others, while they themselves are one-eyed.	ਉਹ ਆਪ ਤਾਂ ਕਾਣੇ ਹਨ (ਕਈ ਤਰ੍ਹਾਂ ਦੇ ਵੈਲ ਕਰਦੇ ਹਨ) ਪਰ ਹੋਰਨਾਂ ਨੂੰ ਮਖ਼ੌਲ ਕਰਦੇ ਹਨ।
15246	332	ਤਿਨ ਕਉ ਦੇਖਿ ਕਬੀਰ ਲਜਾਨੇ॥੬॥੧॥੪੪॥	(ਲੱਜਾਨੇ) ਸ਼ਰਮ ਆਉਂਦੀ	Thin Ko Dhaekh Kabeer Lajaanae ||6||1||44||	Seeing them, Kabeer is embarrassed. ||6||1||44||	ਅਜਿਹੇ ਬੰਦਿਆਂ ਨੂੰ ਵੇਖ ਕੇ, ਹੇ ਕਬੀਰ! ਸ਼ਰਮ ਆਉਂਦੀ ਹੈ ॥੬॥੧॥੪੪॥
15247	332	ਰਾਗੁ ਗਉੜੀ ਬੈਰਾਗਣਿ ਕਬੀਰ ਜੀ		Raag Gourree Bairaagan Kabeer Jee	Raag Gauree Bairaagan, Kabeer Jee:	ਰਾਗ ਗਉੜੀ-ਬੈਰਾਗਣਿ ਵਿੱਚ, ਭਗਤ ਕਬੀਰ ਜੀ ਦੀ ਬਾਣੀ।
15248	332	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
15249	332	ਜੀਵਤ ਪਿਤਰ ਨ ਮਾਨੈ ਕੋਊ ਮੂਏਂ ਸਿਰਾਧ ਕਰਾਹੀ॥	ਪਿਤਰ:ਪੋਲਾ ਬੋਲੋ। (ਪਿਤਰ) ਵੱਡੇ ਵਡੇਰੇ। (ਸਿਰਾਧ) ਪਿਤਰਾਂ ਨਮਿਤ ਬ੍ਰਾਹਮਣਾਂ ਨੂੰ ਖੁਆਇਆ ਭੋਜਨ	Jeevath Pithar N Maanai Kooo Mooeaen Siraadhh Karaahee ||	He does not honor his ancestors while they are alive, but he holds feasts in their honor after they have died.	ਲੋਕ ਜੀਊਂਦੇ ਮਾਪਿਆਂ ਦਾ ਤਾਂ ਆਦਰ ਮਾਣ ਨਹੀਂ ਕਰਦੇ, ਪਰ ਮਰ ਗਏ ਪਿਤਰਾਂ ਨਿਮਿਤ ਭੋਜਨ ਖੁਆਉਂਦੇ ਹਨ।

15250	332	ਪਿਤਰ ਭੀ ਬਪੁਰੇ ਕਹੁ ਕਿਉ ਪਾਵਹਿ ਕਊਆ ਕੂਕਰ ਖਾਹੀ॥੧॥		Pithar Bhee Bapurae Kahu Kio Paavehi Kooaa Kookar Khaahee ||1||	Tell me, how can his poor ancestors receive what the crows and the dogs have eaten up? ||1||	ਵਿਚਾਰੇ ਪਿਤਰ ਭਲਾ ਉਹ ਸਰਾਧਾਂ ਦਾ ਭੋਜਨ ਕਿਵੇਂ ਹਾਸਲ ਕਰਨ? ਉਸ ਨੂੰ ਤਾਂ ਕਾਂ-ਕੁੱਤੇ ਖਾ ਜਾਂਦੇ ਹਨ ॥੧॥
15251	332	ਮੋਕਉ ਕੁਸਲੁ ਬਤਾਵਹੁ ਕੋਈ॥	(ਕੁਸਲੁ) ਸੁਖ	Mo Ko Kusal Bathaavahu Koee ||	If only someone would tell me what real happiness is!	ਮੈਨੂੰ ਕੋਈ ਧਿਰ ਦੱਸੋ ਕਿ (ਪਿਤਰਾਂ ਦੇ ਨਮਿਤ ਸਰਾਧ ਖੁਆਉਣ ਨਾਲ ਪਿਛੇ ਘਰ ਵਿਚ) ਸੁਖ-ਆਨੰਦ ਕਿਵੇਂ ਹੋ ਜਾਂਦਾ ਹੈ।
15252	332	ਕੁਸਲੁ ਕੁਸਲੁ ਕਰਤੇ ਜਗੁ ਬਿਨਸੈ ਕੁਸਲੁ ਭੀ ਕੈਸੇ ਹੋਈ॥੧॥ਰਹਾਉ॥		Kusal Kusal Karathae Jag Binasai Kusal Bhee Kaisae Hoee ||1|| Rehaao ||	Speaking of happiness and joy, the world is perishing. How can happiness be found? ||1||Pause||	ਸਾਰਾ ਸੰਸਾਰ (ਇਸੇ ਭਰਮ-ਵਹਿਮ ਵਿਚ) ਖਪ ਰਿਹਾ ਹੈ ਕਿ (ਪਿਤਰਾਂ ਨਿਮਿਤ ਸਰਾਧ ਕੀਤਿਆਂ ਘਰ ਵਿਚ) ਸੁਖ-ਆਨੰਦ ਬਣਿਆ ਰਹਿੰਦਾ ਹੈ ॥੧॥ ਰਹਾਉ ॥
15253	332	ਮਾਟੀ ਕੇ ਕਰਿ ਦੇਵੀ ਦੇਵਾ ਤਿਸੁ ਆਗੈ ਜੀਉ ਦੇਹੀ॥	(ਜੀਉ) ਜੀਵ ਬੱਕਰੇ ਆਦਿ ਦੀ ਕੁਰਬਾਨੀ (ਦੇਹੀ) ਦਿੰਦੇ	Maattee Kae Kar Dhaevee Dhaevaa This Aagai Jeeo Dhaehee ||	Making gods and goddesses out of clay, people sacrifice living beings to them.	ਮਿੱਟੀ ਦੇ ਦੇਵੀ-ਦੇਵਤੇ ਬਣਾ ਕੇ ਲੋਕ ਉਸ ਦੇਵੀ ਜਾਂ ਦੇਵਤੇ ਅੱਗੇ (ਬੱਕਰੇ ਆਦਿਕ ਦੀ) ਕੁਰਬਾਨੀ ਦੇਂਦੇ ਹਨ।

15254	332	ਐਸੇ ਪਿਤਰ ਤੁਮਾਰੇ ਕਹੀਅਹਿ ਆਪਨ ਕਹਿਆ ਨ ਲੇਹੀ॥੨॥		Aisae Pithar Thumaarae Keheeahi Aapan Kehiaa N Laehee ||2||	Such are your dead ancestors, who cannot ask for what they want. ||2||	(ਹੇ ਭਾਈ! ਇਸੇ ਤਰ੍ਹਾਂ) ਦੇ (ਮਿੱਟੀ ਦੇ ਬਣਾਏ ਹੋਏ) ਤੁਹਾਡੇ ਪਿਤਰ ਅਖਵਾਉਂਦੇ ਹਨ, (ਉਹਨਾਂ ਅੱਗੇ ਭੀ ਜੋ ਤੁਹਾਡਾ ਚਿੱਤ ਕਰਦਾ ਹੈ ਧਰ ਦੇਂਦੇ ਹੋ) ਉਹ ਆਪਣੇ ਮੂੰਹੋਂ ਮੰਗਿਆ ਕੁਝ ਨਹੀਂ ਲੈ ਸਕਦੇ ॥੨॥
15255	332	ਸਰਜੀਉ ਕਾਟਹਿ ਨਿਰਜੀਉ ਪੂਜਹਿ ਅੰਤ ਕਾਲ ਕਉ ਭਾਰੀ॥	(ਸਰ-ਜੀਉ) ਜਿਉਂਦੇ ਜੀਵ। (ਨਿਰ-ਜੀਉ) ਨਿਰਜਿੰਦ	Sarajeeo Kaattehi Nirajeeo Poojehi Anth Kaal Ko Bhaaree ||	You murder living beings and worship lifeless things; at your very last moment, you shall suffer in terrible pain.	ਲੋਕੀ ਜੀਉਂਦੇ ਜੀਵਾਂ ਨੂੰ (ਦੇਵੀ ਦੇਵਤਿਆਂ ਅੱਗੇ ਭੇਟ ਕਰਨ ਲਈ) ਮਾਰਦੇ ਹਨ (ਤੇ ਇਸ ਤਰ੍ਹਾਂ ਮਿੱਟੀ ਆਦਿਕ ਦੇ ਬਣਾਏ ਹੋਏ) ਨਿਰਜਿੰਦ ਦੇਵਤਿਆਂ ਨੂੰ ਪੂਜਦੇ ਹਨ; ਆਪਣਾ ਅੱਗਾ ਵਿਗਾੜੀ ਜਾ ਰਹੇ ਹਨ।
15256	332	ਰਾਮ ਨਾਮ ਕੀ ਗਤਿ ਨਹੀ ਜਾਨੀ ਭੈ ਡੂਬੇ ਸੰਸਾਰੀ॥੩॥		Raam Naam Kee Gath Nehee Jaanee Bhai Ddoobae Sansaaree ||3||	You do not know the value of the Lord's Name; you shall drown in the terrifying world-ocean. ||3||	(ਐਸੇ ਲੋਕਾਂ ਨੂੰ) ਉਸ ਆਤਮਕ ਅਵਸਥਾ ਦੀ ਸਮਝ ਨਹੀਂ ਪੈਂਦੀ ਜੋ ਪ੍ਰਭੂ ਦਾ ਨਾਮ ਸਿਮਰਦਿਆਂ ਬਣਦੀ ਹੈ। ਲੋਕ ਲੋਕਾਚਾਰੀ ਰਸਮਾਂ ਦੇ ਡਰ ਵਿਚ ਗ਼ਰਕ ਹੋ ਰਹੇ ਹਨ ॥੩॥
15257	332	ਦੇਵੀ ਦੇਵਾ ਪੂਜਹਿ ਡੋਲਹਿ ਪਾਰਬ੍ਰਹਮੁ ਨਹੀ ਜਾਨਾ॥		Dhaevee Dhaevaa Poojehi Ddolehi Paarabreham Nehee Jaanaa ||	You worship gods and goddesses, but you do not know the Supreme Lord God.	(ਅਜਿਹੇ ਲੋਕ ਮਿੱਟੀ ਦੇ ਬਣਾਏ ਹੋਏ) ਦੇਵੀ-ਦੇਵਤਿਆਂ ਨੂੰ ਪੂਜਦੇ ਹਨ ਤੇ ਸਹਿਮੇ ਭੀ ਰਹਿੰਦੇ ਹਨ (ਕਿਉਂਕਿ ਅਸਲ 'ਕੁਸ਼ਲ' ਦੇਣ ਵਾਲੇ) ਅਕਾਲ ਪੁਰਖ ਨੂੰ ਉਹ ਜਾਣਦੇ ਹੀ ਨਹੀਂ ਹਨ।

15258	332	ਕਹਤ ਕਬੀਰ ਅਕੁਲੁ ਨਹੀ ਚੇਤਿਆ ਬਿਖਿਆ ਸਿਉ ਲਪਟਾਨਾ॥੪॥੧॥੪੫॥	ਅ-ਕੁਲੁ: ਪੋਲਾ ਬੋਲੋ	Kehath Kabeer Akul Nehee Chaethiaa Bikhiaa Sio Lapattaanaa ||4||1||45||	Says Kabeer, you have not remembered the Lord who has no ancestors; you are clinging to your corrupt ways. ||4||1||45||	ਕਬੀਰ ਆਖਦਾ ਹੈ-ਉਹ ਜਾਤ-ਕੁਲ-ਰਹਿਤ ਪ੍ਰਭੂ ਨੂੰ ਨਹੀਂ ਸਿਮਰਦੇ ਉਹ (ਸਦਾ) ਮਾਇਆ ਨਾਲ ਲਪਟੇ ਰਹਿੰਦੇ ਹਨ ॥੪॥੧॥੪੫॥
15259	332	ਗਉੜੀ॥		Gourree ||	Gauree:	
15260	332	ਜੀਵਤ ਮਰੈ ਮਰੈ ਫੁਨਿ ਜੀਵੈ ਐਸੇ ਸੁੰਨਿ ਸਮਾਇਆ॥		Jeevath Marai Marai Fun Jeevai Aisae Sunn Samaaeiaa ||	One who remains dead while yet alive, will live even after death; thus he merges into the Primal Void of the Absolute Lord.	ਜੋ ਮਨੁੱਖ ਮੁੜ ਮੁੜ ਜਤਨ ਕਰ ਕੇ ਮਨ ਵਿਕਾਰਾਂ ਦੇ ਫੁਰਨਿਆਂ ਵਲੋਂ ਹਟਾ ਲੈਂਦਾ ਹੈ, ਉਹ ਫਿਰ (ਅਸਲ ਜੀਵਨ) ਜੀਊਂਦਾ ਹੈ ਤੇ ਉਸ ਅਵਸਥਾ ਵਿਚ ਜਿਥੇ ਵਿਕਾਰਾਂ ਦੇ ਫੁਰਨੇ ਨਹੀਂ ਉਠਦੇ, ਇਉਂ ਲੀਨ ਹੁੰਦਾ ਹੈ,
15261	332	ਅੰਜਨ ਮਾਹਿ ਨਿਰੰਜਨਿ ਰਹੀਐ ਬਹੁੜਿ ਨ ਭਵਜਲਿ ਪਾਇਆ॥੧॥	(ਅੰਜਨ) ਕਾਲਖ ਮਾਇਆ। (ਨਿਰੰਜਨਿ) ਨਿਰਲੇਪ	Anjan Maahi Niranjan Reheeai Bahurr N Bhavajal Paaeiaa ||1||	Remaining pure in the midst of impurity, he will never again fall into the terrifying world-ocean. ||1||	ਕਿ ਮਾਇਆ ਵਿਚ ਰਹਿੰਦਾ ਹੋਇਆ ਭੀ ਉਹ ਮਾਇਆ-ਰਹਿਤ ਪ੍ਰਭੂ ਵਿਚ ਟਿਕਿਆ ਰਹਿੰਦਾ ਹੈ ਤੇ ਮੁੜ (ਮਾਇਆ ਦੀ) ਘੁੰਮਣਘੇਰ ਵਿਚ ਨਹੀਂ ਪੈਂਦਾ ॥੧॥

15262	332	ਮੇਰੇ ਰਾਮ ਐਸਾ ਖੀਰੁ ਬਿਲੋਈਐ॥	(ਖੀਰੁ) ਦੁੱਧ। (ਬਿਲੋਈਐ) ਰਿੜਕੀਏ	Maerae Raam Aisaa Kheer Biloeeai ||	O my Lord, this is the milk to be churned.	ਹੇ ਪਿਆਰੇ ਪ੍ਰਭੂ! ਤਦੋਂ ਹੀ ਦੁੱਧ ਰਿੜਕਿਆ ਜਾ ਸਕਦਾ ਹੈ (ਭਾਵ, ਸਿਮਰਨ ਦਾ ਸਫਲ ਉੱਦਮ ਕੀਤਾ ਜਾ ਸਕਦਾ ਹੈ)
15263	332	ਗੁਰਮਤਿ ਮਨੂਆ ਅਸਥਿਰੁ ਰਾਖਹੁ ਇਨ ਬਿਧਿ ਅੰਮ੍ਰਿਤੁ ਪੀਓਈਐ॥੧॥ਰਹਾਉ॥		Guramath Manooaa Asathhir Raakhahu Ein Bidhh Anmrith Peeoueeai ||1|| Rehaao ||	Through the Guru's Teachings, hold your mind steady and stable, and in this way, drink in the Ambrosial Nectar. ||1||Pause||	ਤੇ, ਇਸੇ ਤਰੀਕੇ ਨਾਲ ਹੀ (ਭਾਵ, ਜੇ ਤੂੰ ਮੇਰੇ ਮਨ ਨੂੰ ਅਡੋਲ ਰੱਖੇਂ) ਤੇਰਾ ਨਾਮ-ਅੰਮ੍ਰਿਤ ਪੀਤਾ ਜਾ ਸਕਦਾ ਹੈ। ਹੇ ਪ੍ਰਭੂ! ਮੈਨੂੰ ਗੁਰੂ ਦੀ ਮੱਤ ਦੇ ਕੇ ਮੇਰਾ ਕਮਜ਼ੋਰ ਮਨ (ਮਾਇਆ ਵਲੋਂ) ਅਡੋਲ ਰੱਖ ॥੧॥ ਰਹਾਉ ॥
15264	332	ਗੁਰ ਕੈ ਬਾਣਿ ਬਜਰ ਕਲ ਛੇਦੀ ਪ੍ਰਗਟਿਆ ਪਦੁ ਪਰਗਾਸਾ॥	(ਬੱਜਰ) ਕਰੜੀ। ਅਵਿੱਦਿਆ ਰੂਪੀ (:ਪੋਲਾ ਬੋਲੋ ਕਲ) ਸ਼ਕਤੀ। (ਛੇੱਦੀ) ਵਿੰਨ੍ਹੀ	Gur Kai Baan Bajar Kal Shhaedhee Pragattiaa Padh Paragaasaa ||	The Guru's arrow has pierced the hard core of this Dark Age of Kali Yuga, and the state of enlightenment has dawned.	ਜਿਸ ਮਨੁੱਖ ਨੇ ਸਤਿਗੁਰੂ ਦੇ (ਸ਼ਬਦ-ਰੂਪ) ਤੀਰ ਨਾਲ ਕਰੜੀ ਮਨੋ-ਕਲਪਣਾ ਵਿੰਨ੍ਹ ਲਈ ਹੈ (ਭਾਵ, ਮਨ ਦੀ ਵਿਕਾਰਾਂ ਵਲ ਦੀ ਦੌੜ ਰੋਕ ਲਈ ਹੈ) ਉਸ ਦੇ ਅੰਦਰ ਪ੍ਰਕਾਸ਼-ਪਦ ਪੈਦਾ ਹੋ ਜਾਂਦਾ ਹੈ (ਭਾਵ, ਉਸ ਦੇ ਅੰਦਰ ਉਹ ਅਵਸਥਾ ਬਣ ਜਾਂਦੀ ਹੈ ਜਿੱਥੇ ਐਸਾ ਆਤਮਕ ਚਾਨਣ ਹੋ ਜਾਂਦਾ ਹੈ ਕਿ ਉਹ ਮਾਇਆ ਦੇ ਹਨੇਰੇ ਵਿਚ ਨਹੀਂ ਫਸਦਾ)।

15265	332	ਸਕਤਿ ਅਧੇਰ ਜੇਵੜੀ ਭ੍ਰਮੁ ਚੂਕਾ ਨਿਹਚਲੁ ਸਿਵ ਘਰਿ ਬਾਸਾ॥੨॥	(ਸਕਤਿ) ਅਸਰ। ਚੂੱਕਾਬੱਾਸਾ	Sakath Adhhaer Jaevarree Bhram Chookaa Nihachal Siv Ghar Baasaa ||2||	In the darkness of Maya, I mistook the rope for the snake, but that is over, and now I dwell in the eternal home of the Lord. ||2||	(ਜਿਵੇਂ ਹਨੇਰੇ ਵਿਚ) ਰੱਸੀ (ਨੂੰ ਸੱਪ ਸਮਝਣ) ਦਾ ਭੁਲੇਖਾ (ਪੈਂਦਾ ਹੈ ਤੇ ਚਾਨਣ ਹੋਇਆਂ ਉਹ ਭੁਲੇਖਾ ਮਿਟ ਜਾਂਦਾ ਹੈ ਤਿਵੇਂ) ਮਾਇਆ ਦੇ (ਪ੍ਰਭਾਵ-ਰੂਪ) ਹਨੇਰੇ ਵਿਚ (ਵਿਕਾਰਾਂ ਨੂੰ ਹੀ ਸਹੀ ਜੀਵਨ ਸਮਝ ਲੈਣ ਦਾ ਭੁਲੇਖਾ) ਨਾਮ ਦੇ ਚਾਨਣ ਨਾਲ ਮਿਟ ਜਾਂਦਾ ਹੈ, ਤੇ ਉਸ ਮਨੁੱਖ ਦਾ ਨਿਵਾਸ ਸਦਾ-ਅਨੰਦ ਰਹਿਣ ਵਾਲੇ ਪ੍ਰਭੂ ਦੇ ਚਰਨਾਂ ਵਿਚ ਸਦਾ ਲਈ ਹੋ ਜਾਂਦਾ ਹੈ ॥੨॥
15266	332	ਤਿਨਿ ਬਿਨੁ ਬਾਣੈ ਧਨਖੁ ਚਢਾਈਐ ਇਹੁ ਜਗੁ ਬੇਧਿਆ ਭਾਈ॥	ਬੇੱਧਿਆ	Thin Bin Baanai Dhhanakh Chadtaaeeai Eihu Jag Baedhhiaa Bhaaee ||	Maya has drawn her bow without an arrow, and has pierced this world, O Siblings of Destiny.	ਹੇ ਸੱਜਣ! (ਜਿਸ ਮਨੁੱਖ ਨੇ ਗੁਰ-ਸ਼ਬਦ ਰੂਪ ਤੀਰ ਦਾ ਆਸਰਾ ਲਿਆ ਹੈ) ਉਸ ਨੇ (ਮਾਨੋ,) ਤੀਰ ਕਮਾਨ ਚੜ੍ਹਾਉਣ ਤੋਂ ਬਿਨਾ ਹੀ ਇਸ ਜਗਤ ਨੂੰ ਵਿੰਨ੍ਹ ਲਿਆ ਹੈ (ਭਾਵ, ਮਾਇਆ ਦਾ ਜ਼ੋਰ ਆਪਣੇ ਉੱਤੇ ਪੈਣ ਨਹੀਂ ਦਿੱਤਾ)।

15267	333	ਦਹ ਦਿਸ ਬੂਡੀ ਪਵਨੁ ਝੁਲਾਵੈ ਡੋਰਿ ਰਹੀ ਲਿਵ ਲਾਈ॥੩॥	ਜੀਵਨ ਰੂਪੀ (ਬੂਡੀ) ਗੁੱਡੀ। ਸੁਰਤੀ ਰੂਪੀ ਡੋਰ	Dheh Dhis Booddee Pavan Jhulaavai Ddor Rehee Liv Laaee ||3||	The drowning person is blown around in the ten directions by the wind, but I hold tight to the string of the Lord's Love. ||3||	(ਦੁਨੀਆ ਦੇ ਕੰਮ-ਕਾਰ ਰੂਪ) ਹਵਾ ਉਸ ਦੀ (ਜ਼ਿੰਦਗੀ ਦੀ) ਗੁੱਡੀ ਨੂੰ (ਭਾਵੇਂ ਵੇਖਣ-ਮਾਤ੍ਰ) ਦਸੀਂ ਪਾਸੀਂ ਉਡਾਉਂਦੀ ਹੈ (ਭਾਵ, ਭਾਵੇਂ, ਜੀਵਨ-ਨਿਰਬਾਹ ਦੀ ਖ਼ਾਤਰ ਉਹ ਕਿਰਤ-ਕਾਰ ਕਰਦਾ ਹੈ), ਪਰ, ਉਸ ਦੀ ਸੁਰਤ ਦੀ ਡੋਰ (ਪ੍ਰਭੂ ਨਾਲ) ਜੁੜੀ ਰਹਿੰਦੀ ਹੈ ॥੩॥
15268	333	ਉਨਮਨਿ ਮਨੂਆ ਸੁੰਨਿ ਸਮਾਨਾ ਦੁਬਿਧਾ ਦੁਰਮਤਿ ਭਾਗੀ॥	(ਉਨਮਨਿ)ਵਿਆਪਕ ਬ੍ਰਹਮਜੀ। ਦੁਰ-ਮੱਤਿ	Ounaman Manooaa Sunn Samaanaa Dhubidhhaa Dhuramath Bhaagee ||	The disturbed mind has been absorbed in the Lord; duality and evil-mindedness have run away.	ਉਸ ਮਨੁੱਖ ਦਾ ਮਨ ਬਿਰਹੋਂ ਅਵਸਥਾ ਵਿਚ ਅੱਪੜ ਕੇ ਉਸ ਹਾਲਤ ਵਿਚ ਲੀਨ ਹੋ ਜਾਂਦਾ ਹੈ, ਜਿੱਥੇ ਵਿਕਾਰਾਂ ਦੇ ਫੁਰਨੇ ਨਹੀਂ ਉਠਦੇ। ਉਸ ਦੀ ਦੁਬਿਧਾ ਤੇ ਉਸ ਦੀ ਭੈੜੀ ਮੱਤ ਸਭ ਨਾਸ ਹੋ ਜਾਂਦੀ ਹੈ।
15269	333	ਕਹੁ ਕਬੀਰ ਅਨਭਉ ਇਕੁ ਦੇਖਿਆ ਰਾਮ ਨਾਮਿ ਲਿਵ ਲਾਗੀ॥੪॥੨॥੪੬॥	(ਅਨ-ਭਉ) ਗਿਆਨ	Kahu Kabeer Anabho Eik Dhaekhiaa Raam Naam Liv Laagee ||4||2||46||	Says Kabeer, I have seen the One Lord, the Fearless One; I am attuned to the Name of the Lord. ||4||2||46||	ਕਬੀਰ ਆਖਦਾ ਹੈ- ਉਹ ਇਕ ਅਚਰਜ ਚਮਤਕਾਰਾ ਆਪਣੇ ਅੰਦਰ ਵੇਖ ਲੈਂਦਾ ਹੈ। ਉਸ ਦੀ ਸੁਰਤ ਪ੍ਰਭੂ ਦੇ ਨਾਮ ਵਿਚ ਜੁੜ ਜਾਂਦੀ ਹੈ ॥੪॥੨॥੪੬॥
15270	333	ਗਉੜੀ ਬੈਰਾਗਣਿ ਤਿਪਦੇ॥	(ਅਨਰਾਗੀ) ਪ੍ਰੇਮੀ। ਤਿ-ਪਦੇ।ਚੱਕ੍ਰ। ਖਟੁ: ਪੋਲਾ ਬੋਲੋ	Gourree Bairaagan Thipadhae ||	Gauree Bairaagan, Ti-Padas:	

15271	333	ਉਲਟਤ ਪਵਨ ਚਕ੍ਰ ਖਟੁ ਭੇਦੇ ਸੁਰਤਿ ਸੁੰਨ ਅਨਰਾਗੀ॥		Oulattath Pavan Chakr Khatt Bhaedhae Surath Sunn Anaraagee ||	I turned my breath inwards, and pierced through the six chakras of the body, and my awareness was centered on the Primal Void of the Absolute Lord.	ਮਨ ਦੀ ਭਟਕਣਾ ਨੂੰ ਪਰਤਾਂਦਿਆਂ ਹੀ, (ਮਾਨੋ,) (ਜੋਗੀਆਂ ਦੇ ਦੱਸੇ ਹੋਏ) ਛੇ ਹੀ ਚੱਕ੍ਰ (ਇਕੱਠੇ ਹੀ) ਵਿੱਝ ਜਾਂਦੇ ਹਨ, ਅਤੇ ਸੁਰਤੀ ਉਸ ਅਵਸਥਾ ਦੀ ਆਸ਼ਿਕ ਹੋ ਜਾਂਦੀ ਹੈ ਜਿੱਥੇ ਵਿਕਾਰਾਂ ਦਾ ਕੋਈ ਫੁਰਨਾ ਪੈਦਾ ਹੀ ਨਹੀਂ ਹੁੰਦਾ।
15272	333	ਆਵੈ ਨ ਜਾਇ ਮਰੈ ਨ ਜੀਵੈ ਤਾਸੁ ਖੋਜੁ ਬੈਰਾਗੀ॥੧॥		Aavai N Jaae Marai N Jeevai Thaas Khoj Bairaagee ||1||	Search for the One who does not come or go, who does not die and is not born, O renunciate. ||1||	(ਹੇ ਭਾਈ! ਵੈਰਾਗੀ ਹੋ ਕੇ) ਮਾਇਆ ਵਲੋਂ ਉਪਰਾਮ ਹੋ ਕੇ ਉਸ ਪ੍ਰਭੂ ਨੂੰ ਲੱਭ, ਜੋ ਨਾਹ ਆਉਂਦਾ ਹੈ ਨਾਹ ਜਾਂਦਾ ਹੈ, ਨਾਹ ਮਰਦਾ ਹੈ, ਨਾਹ ਜੰਮਦਾ ਹੈ ॥੧॥
15273	333	ਮੇਰੇ ਮਨ ਮਨ ਹੀ ਉਲਟਿ ਸਮਾਨਾ॥		Maerae Man Man Hee Oulatt Samaanaa ||	My mind has turned away from the world, and is absorbed in the Mind of God.	ਹੇ ਮੇਰੇ ਮਨ! ਜੀਵ ਪਹਿਲਾਂ ਤਾਂ ਪ੍ਰਭੂ ਤੋਂ ਓਪਰਾ ਓਪਰਾ ਰਹਿੰਦਾ ਹੈ (ਭਾਵ, ਪਰਮਾਤਮਾ ਬਾਰੇ ਇਸ ਨੂੰ ਕੋਈ ਸੂਝ ਨਹੀਂ ਹੁੰਦੀ; ਪਰ)
15274	333	ਗੁਰ ਪਰਸਾਦਿ ਅਕਲਿ ਭਈ ਅਵਰੈ ਨਾ ਤਰੁ ਥਾ ਬੇਗਾਨਾ॥੧॥ਰਹਾਉ॥	(ਨਾ) ਨਹੀਂ (ਤਰੁ) ਤਾਂ ਬਹੁਲਤਾਕਰਕੇ (ਬੇਗਾਨਾ) ਜਮਦੂਤਾਂ ਦਾ ਸੀ। ਅਕਲਿ: ਪੋਲਾ ਬੋਲੋ ਮਿਲਵਾਂ	Gur Parasaadh Akal Bhee Avarai Naathar Thhaa Baegaanaa ||1|| Rehaao ||	By Guru's Grace, my understanding has been changed; otherwise, I was totally ignorant. ||1||Pause||	ਸਤਿਗੁਰੂ ਦੀ ਕਿਰਪਾ ਨਾਲ ਜਿਸ ਦੀ ਸਮਝ ਹੋਰ ਤਰ੍ਹਾਂ ਦੀ ਹੋ ਜਾਂਦੀ ਹੈ, ਉਹ ਮਨ ਦੀ ਵਿਕਾਰਾਂ ਵਲ ਦੀ ਦੌੜ ਨੂੰ ਹੀ ਪਰਤਾ ਕੇ ਪ੍ਰਭੂ ਵਿਚ ਲੀਨ ਹੋ ਜਾਂਦਾ ਹੈ ॥੧॥ ਰਹਾਉ ॥

15275	333	ਨਿਵਰੈ ਦੂਰਿ ਦੂਰਿ ਫੁਨਿ ਨਿਵਰੈ ਜਿਨਿ ਜੈਸਾ ਕਰਿ ਮਾਨਿਆ॥	(ਨਿਵਰੈ) ਨੇੜੇ	Nivarai Dhoor Dhoor Fun Nivarai Jin Jaisaa Kar Maaniaa ||	That which was near has become distant, and again, that which was distant is near, for those who realize the Lord as He is.	(ਇਸ ਤਰ੍ਹਾਂ) ਜਿਸ ਮਨੁੱਖ ਨੇ ਪ੍ਰਭੂ ਨੂੰ ਸਹੀ ਸਰੂਪ ਵਿਚ ਸਮਝ ਲਿਆ ਹੈ, ਉਸ ਤੋਂ (ਉਹ ਕਾਮਾਦਿਕ) ਜੋ ਪਹਿਲਾਂ ਨੇੜੇ ਸਨ, ਦੂਰ ਹੋ ਜਾਂਦੇ ਹਨ, ਤੇ ਜੋ ਪ੍ਰਭੂ ਪਹਿਲਾਂ ਕਿਤੇ ਦੂਰ ਸੀ (ਭਾਵ, ਕਦੇ ਚੇਤੇ ਹੀ ਨਹੀਂ ਸੀ ਆਉਂਦਾ) ਹੁਣ ਅੰਗ-ਸੰਗ ਜਾਪਦਾ ਹੈ।
15276	333	ਅਲਉਤੀ ਕਾ ਜੈਸੇ ਭਇਆ ਬਰੇਡਾ ਜਿਨਿ ਪੀਆ ਤਿਨਿ ਜਾਨਿਆ॥੨॥	(ਅ-ਲਉਤੀ) ਮਿਸ਼ਰੀ ਜਾਂ ਗਲੋ ਦਾ। ਭ-ਇਆ (ਬਰੇਡਾ) ਸ਼ਰਬਤ ਸਤ	Alouthee Kaa Jaisae Bhaeiaa Baraeddaa Jin Peeaa Thin Jaaniaa ||2||	It is like the sugar water made from the candy; only one who drinks it knows its taste. ||2||	(ਪਰ ਇਹ ਇਕ ਐਸਾ ਅਨੁਭਵ ਹੈ ਜੋ ਬਿਆਨ ਨਹੀਂ ਕੀਤਾ ਜਾ ਸਕਦਾ, ਸਿਰਫ਼ ਮਾਣਿਆ ਹੀ ਜਾ ਸਕਦਾ ਹੈ) ਜਿਵੇਂ ਮਿਸਰੀ ਦਾ ਸ਼ਰਬਤ ਹੋਵੇ, ਉਸ ਦਾ ਆਨੰਦ ਉਸੇ ਮਨੁੱਖ ਨੇ ਜਾਣਿਆ ਹੈ ਜਿਸ ਨੇ (ਉਹ ਸ਼ਰਬਤ) ਪੀਤਾ ਹੈ ॥੨॥
15277	333	ਤੇਰੀ ਨਿਰਗੁਨ ਕਥਾ ਕਾਇ ਸਿਉ ਕਹੀਐ ਐਸਾ ਕੋਇ ਬਿਬੇਕੀ॥	(ਬਿਬੇਕੀ) ਵਿਚਾਰਵਾਨ	Thaeree Niragun Kathhaa Kaae Sio Keheeai Aisaa Koe Bibaekee ||	Unto whom should I speak Your speech, O Lord; it is beyond the three qualities. Is there anyone with such discerning wisdom?	(ਹੇ ਪ੍ਰਭੂ!) ਤੇਰੇ ਉਸ ਸਰੂਪ ਦੀਆਂ ਗੱਲਾਂ ਕਿਸ ਨਾਲ ਕੀਤੀਆਂ ਜਾਣ ਜਿਸ (ਸਰੂਪ) ਵਰਗਾ ਕਿਤੇ ਕੁਝ ਹੈ ਹੀ ਨਹੀਂ? (ਕਿਉਂਕਿ ਇੱਕ ਤਾਂ) ਕੋਈ ਵਿਰਲਾ ਹੀ ਅਜਿਹਾ ਵਿਚਾਰਵਾਨ ਹੈ (ਜੋ ਤੇਰੀਆਂ ਅਜਿਹੀਆਂ ਗੱਲਾਂ ਸੁਣਨ ਦਾ ਚਾਹਵਾਨ ਹੋਵੇ, ਤੇ ਦੂਜੇ, ਇਹ ਅਨੰਦ ਮਾਣਿਆ ਹੀ ਜਾ ਸਕਦਾ ਹੈ, ਬਿਆਨ ਤੋਂ ਪਰੇ ਹੈ)

15278	333	ਕਹੁ ਕਬੀਰ ਜਿਨਿ ਦੀਆ ਪਲੀਤਾ ਤਿਨਿ ਤੈਸੀ ਝਲ ਦੇਖੀ॥੩॥੩॥੪੭॥	(ਪਲੀਤਾ) ਤੋਪ ਨੂੰ ਅੱਗ ਦੇਣ ਦਾ ਤੋੜਾ, ਦੀਵੇ ਦੀ ਬੱਤੀ। (ਝੱਲ) ਚਮਕ	Kahu Kabeer Jin Dheeaa Paleethaa Thin Thaisee Jhal Dhaekhee ||3||3||47||	Says Kabeer, as is the fuse which you apply, so is the flash you will see. ||3||3||47||	ਕਬੀਰ ਆਖਦਾ ਹੈ- ਜਿਸ ਨੇ (ਜਿਤਨਾ ਕੁ) ਪ੍ਰੇਮ ਦਾ ਪਲੀਤਾ ਲਾਇਆ ਹੈ ਉਸੇ ਨੇ ਹੀ ਉਤਨੀ ਕੁ ਉਸ ਦੀ ਝਲਕ ਵੇਖੀ ਹੈ ॥੩॥੩॥੪੭॥
15279	333	ਗਉੜੀ॥		Gourree ||	Gauree:	
15280	333	ਤਹ ਪਾਵਸ ਸਿੰਧੁ ਧੂਪ ਨਹੀ ਛਹੀਆ ਤਹ ਉਤਪਤਿ ਪਰਲਉ ਨਾਹੀ॥	(ਪਾਵਸੁ) ਵਰਖਾ। (ਸਿੰਧੁ) ਸਮੁੰਦਰ	Theh Paavas Sindhh Dhhoop Nehee Shheheeaa Theh Outhapath Paralo Naahee ||	There is no rainy season, ocean, sunshine or shade, no creation or destruction there.	(ਉਹ ਅਡੋਲ ਅਵਸਥਾ ਐਸੀ ਹੈ ਕਿ) ਉਸ ਵਿਚ (ਅੱਪੜ ਕੇ ਮਨੁੱਖ ਨੂੰ) ਇੰਦ੍ਰਪੁਰੀ, ਵਿਸ਼ਨੂੰ-ਪੁਰੀ, ਸੂਰਜ-ਲੋਕ, ਚੰਦ੍ਰ-ਲੋਕ, ਬ੍ਰਹਮ-ਪੁਰੀ, ਸ਼ਿਵ-ਪੁਰੀ-(ਕਿਸੇ ਦੀ ਭੀ ਤਾਂਘ) ਨਹੀਂ ਰਹਿੰਦੀ।

15281	333	ਜੀਵਨ ਮਿਰਤੁ ਨ ਦੁਖੁ ਸੁਖੁ ਬਿਆਪੈ ਸੁੰਨ ਸਮਾਧਿ ਦੋਊ ਤਹ ਨਾਹੀ॥੧॥		Jeevan Mirath N Dhukh Sukh Biaapai Sunn Samaadhh Dhooo Theh Naahee ||1||	No life or death, no pain or pleasure is felt there. There is only the Primal Trance of Samaadhi, and no duality. ||1||	ਨਾਹ (ਹੋਰ ਹੋਰ) ਜੀਊਣ (ਦੀ ਲਾਲਸਾ), ਨਾਹ ਮੌਤ (ਦਾ ਡਰ), ਨਾਹ ਕੋਈ ਦੁਖ, ਨਾਹ ਸੁਖ (ਭਾਵ, ਦੁੱਖ ਤੋਂ ਘਬਰਾਹਟ ਜਾਂ ਸੁਖ ਦੀ ਤਾਂਘ), ਸਹਿਜ ਅਵਸਥਾ ਵਿਚ ਅੱਪੜਿਆਂ ਕੋਈ ਭੀ ਨਹੀਂ ਪੁੱਹਦਾ। ਉਹ ਮਨ ਦੀ ਇਕ ਅਜਿਹੀ ਟਿਕਵੀਂ ਹਾਲਤ ਹੁੰਦੀ ਹੈ ਕਿ ਉਸ ਵਿਚ ਵਿਕਾਰਾਂ ਦਾ ਕੋਈ ਫੁਰਨਾ ਉਠਦਾ ਹੀ ਨਹੀਂ, ਨਾਹ ਹੀ ਕੋਈ ਮੇਰ-ਤੇਰ ਰਹਿ ਜਾਂਦੀ ਹੈ ॥੧॥
15282	333	ਸਹਜ ਕੀ ਅਕਥ ਕਥਾ ਹੈ ਨਿਰਾਰੀ॥	ਅ-ਕਥ ਕਥਾ: ਪੋਲੇ ਬੋਲੋ	Sehaj Kee Akathh Kathhaa Hai Niraaree ||	The description of the state of intuitive poise is indescribable and sublime.	ਮਨੁੱਖ ਦੇ ਮਨ ਦੀ ਅਡੋਲਤਾ ਇਕ ਐਸੀ ਹਾਲਤ ਹੈ ਜੋ (ਨਿਰਾਲੀ) ਆਪਣੇ ਵਰਗੀ ਆਪ ਹੀ ਹੈ, (ਇਸ ਵਾਸਤੇ) ਉਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ।

15283	333	ਤੁਲਿ ਨਹੀ ਚਢੈ ਜਾਇ ਨ ਮੁਕਾਤੀ ਹਲੁਕੀ ਲਗੈ ਨ ਭਾਰੀ॥੧॥ਰਹਾਉ॥	(:ਪੋਲਾ ਬੋਲੋਤੁਲਿ) ਤਰਾਜੂ। (ਮੁਕਾਤੀ)ਮੁਕਦੀ	Thul Nehee Chadtai Jaae N Mukaathee Halukee Lagai N Bhaaree ||1|| Rehaao ||	It is not measured, and it is not exhausted. It is neither light nor heavy. ||1||Pause||	ਇਹ ਅਵਸਥਾ ਕਿਸੇ ਚੰਗੇ ਤੋਂ ਚੰਗੇ ਸੁਖ ਨਾਲ ਭੀ ਸਾਵੀਂ ਤੋਲੀ-ਮਿਣੀ ਨਹੀਂ ਜਾ ਸਕਦੀ। (ਦੁਨੀਆ ਵਿਚ ਕੋਈ ਐਸਾ ਸੁਖ-ਐਸ਼੍ਵਰਜ ਨਹੀਂ ਹੈ ਜਿਸ ਦੇ ਟਾਕਰੇ ਤੇ ਇਹ ਆਖਿਆ ਜਾ ਸਕੇ ਕਿ 'ਸਹਿਜ' ਅਵਸਥਾ ਇਸ ਤੋਂ ਘਟੀਆ ਹੈ ਜਾਂ ਵਧੀਆ ਹੈ)। ਇਹ ਨਹੀਂ ਕਿਹਾ ਜਾ ਸਕਦਾ ਕਿ (ਦੁਨੀਆ ਦੇ ਵਧੀਆ ਤੋਂ ਵਧੀਆ ਕਿਸੇ ਸੁਖ ਨਾਲੋਂ) ਇਹ ਹੌਲੇ ਮੇਲ ਦੀ ਹੈ ਜਾਂ ਚੰਗੀ ਹੈ (ਭਾਵ, ਦੁਨੀਆ ਦਾ ਕੋਈ ਭੀ ਸੁਖ ਇਸ ਅਵਸਥਾ ਨਾਲ ਬਰਾਬਰੀ ਨਹੀਂ ਕਰ ਸਕਦਾ) ॥੧॥ ਰਹਾਉ ॥
15284	333	ਅਰਧ ਉਰਧ ਦੋਊ ਤਹ ਨਾਹੀ ਰਾਤਿ ਦਿਨਸੁ ਤਹ ਨਾਹੀ॥	(ਅਰਧ) ਨੀਵਾਂ। (ਉਰਧ) ਉੱਚਾ	Aradhh Ouradhh Dhooo Theh Naahee Raath Dhinas Theh Naahee ||	Neither lower nor upper worlds are there; neither day nor night are there.	'ਸਹਿਜ' ਵਿਚ ਅੱਪੜਿਆਂ ਨੀਵੇਂ ਉੱਚੇ ਵਾਲਾ ਕੋਈ ਵਿਤਕਰਾ ਨਹੀਂ ਰਹਿੰਦਾ; (ਇੱਥੇ ਅੱਪੜਿਆ ਮਨੁੱਖ) ਨਾਹ ਗ਼ਫ਼ਲਤ ਦੀ ਨੀਂਦ (ਸੌਂਦਾ ਹੈ), ਨਾਹ ਮਾਇਆ ਦੀ ਭਟਕਣਾ (ਵਿਚ ਭਟਕਦਾ ਹੈ)

15285	333	ਜਲੁ ਨਹੀ ਪਵਨੁ ਪਾਵਕੁ ਫੁਨਿ ਨਾਹੀ ਸਤਿਗੁਰ ਤਹਾ ਸਮਾਹੀ॥੨॥		Jal Nehee Pavan Paavak Fun Naahee Sathigur Thehaa Samaahee ||2||	There is no water, wind or fire; there, the True Guru is contained. ||2||	(ਕਿਉਂਕਿ) ਉਸ ਅਵਸਥਾ ਵਿਚ ਵਿਸ਼ੇ-ਵਿਕਾਰ, ਚੰਚਲਤਾ ਅਤੇ ਤ੍ਰਿਸ਼ਨਾ-ਇਹਨਾਂ ਦਾ ਨਾਮ-ਨਿਸ਼ਾਨ ਨਹੀਂ ਰਹਿੰਦਾ। (ਬੱਸ!) ਸਤਿਗੁਰੂ ਹੀ ਸਤਿਗੁਰੂ ਉਸ ਅਵਸਥਾ ਸਮੇ (ਮਨੁੱਖ ਦੇ ਹਿਰਦੇ ਵਿਚ) ਟਿਕੇ ਹੁੰਦੇ ਹਨ ॥੨॥
15286	333	ਅਗਮ ਅਗੋਚਰੁ ਰਹੈ ਨਿਰੰਤਰਿ ਗੁਰ ਕਿਰਪਾ ਤੇ ਲਹੀਐ॥		Agam Agochar Rehai Niranthar Gur Kirapaa Thae Leheeai ||	The Inaccessible and Unfathomable Lord dwells there within Himself; by Guru's Grace, He is found.	ਤਦੋਂ ਅਪਹੁੰਚ ਤੇ ਅਗੋਚਰ ਪਰਮਾਤਮਾ (ਭੀ ਮਨੁੱਖ ਦੇ ਹਿਰਦੇ ਵਿਚ) ਇੱਕ-ਰਸ ਸਦਾ (ਪਰਗਟ ਹੋਇਆ) ਰਹਿੰਦਾ ਹੈ, (ਪਰ) ਉਹ ਮਿਲਦਾ ਸਤਿਗੁਰੂ ਦੀ ਮਿਹਰ ਨਾਲ ਹੀ ਹੈ।
15287	333	ਕਹੁ ਕਬੀਰ ਬਲਿ ਜਾਉ ਗੁਰ ਅਪੁਨੇ ਸਤਸੰਗਤਿ ਮਿਲਿ ਰਹੀਐ॥੩॥੪॥੪੮॥		Kahu Kabeer Bal Jaao Gur Apunae Sathasangath Mil Reheeai ||3||4||48||	Says Kabeer, I am a sacrifice to my Guru; I remain in the Saadh Sangat, the Company of the Holy. ||3||4||48||	ਕਬੀਰ ਆਖਦਾ ਹੈ- ਮੈਂ ਆਪਣੇ ਗੁਰੂ ਤੋਂ ਸਦਕੇ ਹਾਂ, ਮੈਂ (ਆਪਣੇ ਗੁਰੂ ਦੀ) ਸੁਹਣੀ ਸੰਗਤ ਵਿਚ ਹੀ ਜੁੜਿਆ ਰਹਾਂ ॥੩॥੪॥੪੮॥
15288	333	ਗਉੜੀ॥		Gourree ||	Gauree:	

15289	333	ਪਾਪੁ ਪੁੰਨੁ ਦੁਇ ਬੈਲ ਬਿਸਾਹੇ ਪਵਨੁ ਪੂਜੀ ਪਰਗਾਸਿਓ॥	(ਬਿਸਾਹੇ) ਖ੍ਰੀਦੇ। (ਪਵਨੁ) ਸੁਆਸਾਂ ਦੀ ਪੂੰਜੀ ਲੈ ਕੇ (ਪਰਗਾਸਿਓ) ਜੰਮਿਆ। ਪੂੰਜੀ	Paap Punn Dhue Bail Bisaahae Pavan Poojee Paragaasiou ||	With both sin and virtue, the ox of the body is purchased; the air of the breath is the capital which has appeared.	(ਸਾਰੇ ਸੰਸਾਰੀ ਜੀਵ-ਰੂਪ ਵਣਜਾਰਿਆਂ ਨੇ) ਪਾਪ ਅਤੇ ਪੁੰਨ ਦੋ ਬਲਦ ਮੁੱਲ ਲਏ ਹਨ, ਸੁਆਸਾਂ ਦੀ ਪੂੰਜੀ ਲੈ ਕੇ ਜੰਮੇ ਹਨ (ਭਾਵ, ਮਾਨੋ, ਜਗਤ ਵਿਚ ਵਪਾਰ ਕਰਨ ਆਏ ਹਨ)।
15290	333	ਤ੍ਰਿਸਨਾ ਗੂਣਿ ਭਰੀ ਘਟ ਭੀਤਰਿ ਇਨ ਬਿਧਿ ਟਾਂਡ ਬਿਸਾਹਿਓ॥੧॥	ਖੱਚਰ ਤੇ ਸੌਦਾ ਲੱਦਣ ਵਾਲੀ (ਗੂਣਿ) ਥੈਲੀ ਬੋਰੀ। (ਟਾਂਡ) ਮਾਲ (ਬਿਸਾਹਿਓ) ਖ੍ਰੀਦਿਆ	Thrisanaa Goon Bharee Ghatt Bheethar Ein Bidhh Ttaandd Bisaahiou ||1||	The bag on its back is filled with desire; this is how we purchase the herd. ||1||	(ਹਰੇਕ ਦੇ) ਹਿਰਦੇ ਵਿਚ ਤ੍ਰਿਸ਼ਨਾ ਦੀ ਛੱਟ ਲੱਦੀ ਪਈ ਹੈ। ਸੋ, ਇਸ ਤਰ੍ਹਾਂ (ਇਹਨਾਂ ਜੀਵਾਂ ਨੇ) ਮਾਲ ਲੱਦਿਆ ਹੈ ॥੧॥
15291	333	ਐਸਾ ਨਾਇਕੁ ਰਾਮੁ ਹਮਾਰਾ॥	(ਨਾਇਕੁ) ਸ਼ਾਹ	Aisaa Naaeik Raam Hamaaraa ||	My Lord is such a wealthy merchant!	ਸਾਡਾ ਪ੍ਰਭੂ ਕੁਝ ਅਜਿਹਾ ਸ਼ਾਹ ਹੈ,
15292	333	ਸਗਲ ਸੰਸਾਰੁ ਕੀਓ ਬਨਜਾਰਾ॥੧॥ਰਹਾਉ ॥	(ਬਨਜਾਰਾ) ਵਪਾਰੀ	Sagal Sansaar Keeou Banajaaraa ||1|| Rehaao ||	He has made the whole world his peddler. ||1||Pause||	ਕਿ ਉਸ ਨੇ ਸਾਰੇ ਜਗਤ (ਭਾਵ, ਸਾਰੇ ਸੰਸਾਰੀ ਜੀਵਾਂ) ਨੂੰ ਵਪਾਰੀ ਬਣਾ (ਕੇ ਜਗਤ ਵਿਚ) ਘੱਲਿਆ ਹੈ ॥੧॥ ਰਹਾਉ ॥

15293	333	ਕਾਮੁ ਕ੍ਰੋਧੁ ਦੁਇ ਭਏ ਜਗਾਤੀ ਮਨ ਤਰੰਗ ਬਟਵਾਰਾ॥	(ਜਗਾਤੀ) ਟੈਕਸ ਲੈਣ ਵਾਲੇ। (ਬਟਵਾਰਾ) ਲੁਟੇਰਾ	Kaam Krodhh Dhue Bheae Jagaathee Man Tharang Battavaaraa ||	Sexual desire and anger are the tax-collectors, and the waves of the mind are the highway robbers.	ਕਾਮ ਅਤੇ ਕ੍ਰੋਧ ਦੋਵੇਂ (ਇਹਨਾਂ ਜੀਵ-ਵਪਾਰੀਆਂ ਦੇ ਰਾਹ ਵਿਚ ਮਸੂਲੀਏ ਬਣੇ ਹੋਏ ਹਨ (ਭਾਵ, ਸੁਆਸਾਂ ਦੀ ਪੂੰਜੀ ਦਾ ਕੁਝ ਹਿੱਸਾ ਕਾਮ ਅਤੇ ਕ੍ਰੋਧ ਵਿਚ ਫਸਣ ਨਾਲ ਮੁੱਕਦਾ ਜਾ ਰਿਹਾ ਹੈ), ਜੀਵਾਂ ਦੇ ਮਨਾਂ ਦੇ ਤਰੰਗ ਲੁਟੇਰੇ ਬਣ ਰਹੇ ਹਨ (ਭਾਵ, ਮਨ ਦੇ ਕਈ ਕਿਸਮ ਦੇ ਤਰੰਗ ਉਮਰ ਦਾ ਕਾਫ਼ੀ ਹਿੱਸਾ ਖ਼ਰਚ ਕਰੀ ਜਾ ਰਹੇ ਹਨ।)
15294	333	ਪੰਚ ਤਤੁ ਮਿਲਿ ਦਾਨੁ ਨਿਬੇਰਹਿ ਟਾਂਡਾ ਉਤਰਿਓ ਪਾਰਾ॥੨॥		Panch Thath Mil Dhaan Nibaerehi Ttaanddaa Outhariou Paaraa ||2||	The five elements join together and divide up their loot. This is how our herd is disposed of! ||2||	ਇਹ ਕਾਮ ਕ੍ਰੋਧ ਅਤੇ ਮਨ-ਤਰੰਗ ਮਨੁੱਖਾ-ਸਰੀਰ ਨਾਲ ਮਿਲ ਕੇ ਸਾਰੀ ਦੀ ਸਾਰੀ ਉਮਰ-ਰੂਪ ਰਾਸ ਮੁਕਾਈ ਜਾ ਰਹੇ ਹਨ, ਅਤੇ ਤ੍ਰਿਸ਼ਨਾ-ਰੂਪ ਮਾਲ (ਜੋ ਜੀਵਾਂ ਨੇ ਲੱਦਿਆ ਹੋਇਆ ਹੈ, ਹੂ-ਬ-ਹੂ) ਪਾਰਲੇ ਬੰਨੇ ਲੰਘਦਾ ਜਾ ਰਿਹਾ ਹੈ (ਭਾਵ, ਜੀਵ ਜਗਤ ਤੋਂ ਨਿਰੀ ਤ੍ਰਿਸ਼ਨਾ ਹੀ ਆਪਣੇ ਨਾਲ ਲਈ ਜਾਂਦੇ ਹਨ) ॥੨॥
15295	333	ਕਹਤ ਕਬੀਰੁ ਸੁਨਹੁ ਰੇ ਸੰਤਹੁ ਅਬ ਐਸੀ ਬਨਿ ਆਈ॥		Kehath Kabeer Sunahu Rae Santhahu Ab Aisee Ban Aaee ||	Says Kabeer, listen, O Saints: This is the state of affairs now!	ਕਬੀਰ ਆਖਦਾ ਹੈ-ਹੇ ਸੰਤ ਜਨੋ! ਸੁਣੋ, ਹੁਣ ਅਜਿਹੀ ਹਾਲਤ ਬਣ ਰਹੀ ਹੈ,

15296	333	ਘਾਟੀ ਚਢਤ ਬੈਲੁ ਇਕੁ ਥਾਕਾ ਚਲੋ ਗੋਨਿ ਛਿਟਕਾਈ॥੩॥੫॥ ੪੯॥		Ghaattee Chadtath Bail Eik Thhaakaa Chalo Gon Shhittakaaee ||3||5||49||	Going uphill, the ox has grown weary; throwing off his load, he continues on his journey. ||3||5||49||	ਕਿ ਪ੍ਰਭੂ ਦਾ ਸਿਮਰਨ-ਰੂਪ ਚੜ੍ਹਾਈ ਦਾ ਔਖਾ ਪੈਂਡਾ ਕਰਨ ਵਾਲੇ ਜੀਵ-ਵਣਜਾਰਿਆਂ ਦਾ ਪਾਪ-ਰੂਪ ਇੱਕ ਬਲਦ ਥੱਕ ਗਿਆ ਹੈ। ਉਹ ਬੈਲ ਤ੍ਰਿਸ਼ਨਾ ਦੀ ਛੱਟ ਸੁੱਟ ਕੇ ਨੱਸ ਗਿਆ ਹੈ (ਭਾਵ, ਜੋ ਜੀਵ ਵਣਜਾਰੇ ਨਾਮ ਸਿਮਰਨ ਵਾਲੇ ਔਖੇ ਰਾਹ ਤੇ ਤੁਰਦੇ ਹਨ, ਉਹ ਪਾਪ ਕਰਨੇ ਛੱਡ ਦੇਂਦੇ ਹਨ ਅਤੇ ਉਹਨਾਂ ਦੀ ਤ੍ਰਿਸ਼ਨਾ ਮੁੱਕ ਜਾਂਦੀ ਹੈ) ॥੩॥੫॥੪੯॥
15297	333	ਗਉੜੀ ਪੰਚਪਦਾ॥		Gourree Panchapadhaa ||	Gauree, Panch-Padas:	
15298	333	ਪੇਵਕੜੈ ਦਿਨ ਚਾਰਿ ਹੈ ਸਾਹੁਰੜੈ ਜਾਣਾ॥		Paevakarrai Dhin Chaar Hai Saahurarrai Jaanaa ||	For a few short days the soul-bride stays in her parent's house; then she must go to her in-laws.	(ਜੀਵ-ਇਸਤ੍ਰੀ ਨੇ ਇਸ ਸੰਸਾਰ-ਰੂਪ) ਪੇਕੇ ਘਰ ਵਿਚ ਚਾਰ ਦਿਨ (ਭਾਵ, ਥੋੜੇ ਦਿਨ) ਹੀ ਰਹਿਣਾ ਹੈ, (ਹਰੇਕ ਨੇ ਪਰਲੋਕ-ਰੂਪ) ਸਹੁਰੇ ਘਰ (ਜ਼ਰੂਰ) ਜਾਣਾ ਹੈ।
15299	333	ਅੰਧਾ ਲੋਕੁ ਨ ਜਾਣਈ ਮੂਰਖੁ ਏਆਣਾ॥੧॥		Andhhaa Lok N Jaanee Moorakh Eaeaanaa ||1||	The blind, foolish and ignorant people do not know this. ||1||	(ਪਰ) ਅੰਞਾਣਾ ਮੂਰਖ ਅੰਨ੍ਹਾ ਜਗਤ ਨਹੀਂ ਜਾਣਦਾ ॥੧॥

15300	333	ਕਹੁ ਡਡੀਆ ਬਾਧੈ ਧਨ ਖੜੀ॥	ਡਡੀਆ:ਪੋਲਾ ਬੋਲੋ।(ਡਡੀਆ) ਧੋਤੀ, ਭਾਵ ਵੇਪਰਵਾਹੀ ਨਾਲ ਸੰਸਾਰਕ ਕੰਮਾ ਚ ਲੱਗਣਾ। ਬੱਧੈ। ਖੜ੍ਹੀ	Kahu Ddaddeeaa Baadhhai Dhhan Kharree ||	Tell me, why is the bride wearing her ordinary clothes?	ਦੱਸੋ! (ਇਹ ਕੀਹ ਅਚਰਜ ਖੇਡ ਹੈ?) ਇਸਤ੍ਰੀ ਤਾਂ ਅਜੇ ਘਰ ਦੇ ਕੰਮ-ਕਾਜ ਵਾਲੀ ਅੱਧੀ ਧੋਤੀ ਹੀ ਬੰਨ੍ਹ ਕੇ ਖਲੋਤੀ ਹੈ, ਅੱਧੜ ਵੰਜੇ ਹੀ ਫਿਰਦੀ ਹੈ, (ਭਾਵ, ਜੀਵ-ਇਸਤ੍ਰੀ ਇਸ ਸੰਸਾਰ ਦੇ ਮੋਹ ਵਿਚ ਹੀ ਲਾ-ਪਰਵਾਹ ਹੈ)
15301	333	ਪਾਹੂ ਘਰਿ ਆਏ ਮੁਕਲਾਊ ਆਏ॥੧॥ਰਹਾਉ॥	ਜਮਦੂਤ (ਪਾਹੂ) ਪ੍ਰਾਹੁਣੇ। (ਮੁਕਲਾਊ) ਮੁਕਲਾਵਾ	Paahoo Ghar Aaeae Mukalaaoo Aaeae ||1|| Rehaao ||	The guests have arrived at her home, and her Husband has come to take her away. ||1||Pause||	ਮੁਕਲਾਵਾ ਲੈ ਜਾਣ ਵਾਲੇ ਪ੍ਰਾਹੁਣੇ (ਭਾਵ, ਜਿੰਦ ਨੂੰ ਲੈ ਜਾਣ ਵਾਲੇ ਜਮ) ਘਰ ਵਿਚ ਆ ਵੀ ਬੈਠੇ ਹਨ ॥੧॥ ਰਹਾਉ ॥
15302	333	ਓਹ ਜਿ ਦਿਸੈ ਖੂਹੜੀ ਕਉਨ ਲਾਜੁ ਵਹਾਰੀ॥	ਸੰਸਾਰ ਰੂਪੀ (ਖੂਹੜੀ) ਖੂਹੀ। ਸੁਆਸਾਂ ਰੂਪੀ (ਲਾਜੁ) ਲੱਜ। (ਵਹਾਰੀ) ਵਹਾਉਣ ਵਾਲੀ	Ouh J Dhisai Khooharree Koun Laaj Vehaaree ||	Who has lowered the rope of the breath down, into the well of the world which we see?	ਇਹ ਜੋ ਸੁਹਣੀ ਖੂਹੀ ਦਿੱਸ ਰਹੀ ਹੈ (ਭਾਵ, ਇਹ ਜੋ ਸੁਹਣਾ ਜਗਤ ਦਿੱਸ ਰਿਹਾ ਹੈ) ਇਸ ਵਿਚ ਕਿਹੜੀ ਇਸਤ੍ਰੀ ਲੱਜ ਵਹਾ ਰਹੀ ਹੈ (ਭਾਵ, ਇੱਥੇ ਜੋ ਭੀ ਆਉਂਦਾ ਹੈ, ਆਪਣੀ ਉਮਰ ਸੰਸਾਰਕ ਭੋਗਾਂ ਵਿਚ ਗੁਜ਼ਾਰਨ ਲੱਗ ਪੈਂਦਾ ਹੈ)।

15303	333	ਲਾਜੁ ਘੜੀ ਸਿਉ ਤੂਟਿ ਪੜੀ ਉਠਿ ਚਲੀ ਪਨਿਹਾਰੀ॥੨॥	(ਸਿਉ) ਸਮੇਤ। ਪੜੀ ੜ ਹਲੰਤ ਨ ਲਾਓ	Laaj Gharree Sio Thoott Parree Outh Chalee Panihaaree ||2||	The rope of the breath breaks away from the pitcher of the body, and the water-carrier gets up and departs. ||2||	ਜਿਸ ਦੀ ਲੱਜ ਘੜੇ ਸਮੇਤ ਟੁੱਟ ਜਾਂਦੀ ਹੈ (ਭਾਵ, ਜਿਸ ਦੀ ਉਮਰ ਮੁੱਕ ਜਾਂਦੀ ਹੈ, ਤੇ ਸਰੀਰ ਢਹਿ ਪੈਂਦਾ ਹੈ) ਉਹ ਪਾਣੀ ਭਰਨ ਵਾਲੀ (ਭਾਵ, ਭੋਗਾਂ ਵਿਚ ਪ੍ਰਵਿਰਤ) ਇੱਥੋਂ ਉੱਠ ਕੇ (ਪਰਲੋਕ ਨੂੰ) ਤੁਰ ਪੈਂਦੀ ਹੈ ॥੨॥
15304	333	ਸਾਹਿਬੁ ਹੋਇ ਦਇਆਲੁ ਕ੍ਰਿਪਾ ਕਰੇ ਅਪੁਨਾ ਕਾਰਜੁ ਸਵਾਰੇ॥		Saahib Hoe Dhaeiaal Kirapaa Karae Apunaa Kaaraj Savaarae ||	When the Lord and Master is kind and grants His Grace, then her affairs are all resolved.	ਜੇ ਪ੍ਰਭੂ-ਮਾਲਕ ਦਿਆਲ ਹੋ ਜਾਏ, (ਜੀਵ-ਇਸਤ੍ਰੀ ਉੱਤੇ) ਮਿਹਰ ਕਰੇ ਤਾਂ ਉਹ (ਜੀਵ-ਇਸਤ੍ਰੀ ਨੂੰ ਸੰਸਾਰ-ਖੂਹੀ ਵਿਚੋਂ ਭੋਗਾਂ ਦਾ ਪਾਣੀ ਕੱਢਣ ਤੋਂ ਬਚਾਣ ਦਾ) ਕੰਮ ਆਪਣਾ ਜਾਣ ਕੇ ਆਪ ਹੀ ਸਿਰੇ ਚੜ੍ਹਾਉਂਦਾ ਹੈ।
15305	334	ਤਾ ਸੋਹਾਗਣਿ ਜਾਣੀਐ ਗੁਰ ਸਬਦੁ ਬੀਚਾਰੇ॥੩॥		Thaa Sohaagan Jaaneeai Gur Sabadh Beechaarae ||3||	Then she is known as the happy soul-bride, if she contemplates the Word of the Guru's Shabad. ||3||	(ਉਸ ਦੀ ਮਿਹਰ ਨਾਲ ਜੀਵ-ਇਸਤ੍ਰੀ ਜਦੋਂ) ਗੁਰੂ ਦੇ ਸ਼ਬਦ ਨੂੰ ਵਿਚਾਰਦੀ ਹੈ (ਭਾਵ, ਚਿੱਤ ਵਿਚ ਵਸਾਉਂਦੀ ਹੈ) ਤਾਂ ਉਹ ਖਸਮ ਵਾਲੀ ਸਮਝੀ ਜਾਂਦੀ ਹੈ ॥੩॥
15306	334	ਕਿਰਤ ਕੀ ਬਾਂਧੀ ਸਭ ਫਿਰੈ ਦੇਖਹੁ ਬੀਚਾਰੀ॥		Kirath Kee Baandhhee Sabh Firai Dhaekhahu Beechaaree ||	Bound by the actions she has committed, she wanders around - see this and understand.	(ਪਰ, ਹੇ ਭਾਈ!) ਜੇ ਵਿਚਾਰ ਕੇ ਵੇਖੋ, (ਇੱਥੇ ਤਾਂ) ਸਾਰੀ ਲੁਕਾਈ ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦੀ ਬੱਝੀ ਹੋਈ ਭਟਕ ਰਹੀ ਹੈ।

15307	334	ਏਸ ਨੋ ਕਿਆ ਆਖੀਐ ਕਿਆ ਕਰੇ ਵਿਚਾਰੀ॥੪॥		Eaes No Kiaa Aakheeai Kiaa Karae Vichaaree ||4||	What can we say to her? What can the poor soul-bride do? ||4||	ਇਸ ਜੀਵ-ਇਸਤ੍ਰੀ ਨੂੰ ਕੀਹ ਦੋਸ਼? ਇਹ ਨਮਾਣੀ ਕੀਹ ਕਰ ਸਕਦੀ ਹੈ? ॥੪॥
15308	334	ਭਈ ਨਿਰਾਸੀ ਉਠਿ ਚਲੀ ਚਿਤ ਬੰਧਿ ਨ ਧੀਰਾ॥	(ਧੀਰਾ) ਧੀਰਜ	Bhee Niraasee Outh Chalee Chith Bandhh N Dhheeraa ||	Disappointed and hopeless, she gets up and departs. There is no support or encouragement in her consciousness.	ਆਸਾਂ ਸਿਰੇ ਨਹੀਂ ਚੜ੍ਹਦੀਆਂ, ਮਨ ਧੀਰਜ ਨਹੀਂ ਫੜਦਾ ਤੇ (ਜੀਵ-ਇਸਤ੍ਰੀ ਇੱਥੋਂ) ਉੱਠ ਤੁਰਦੀ ਹੈ।
15309	334	ਹਰਿ ਕੀ ਚਰਣੀ ਲਾਗਿ ਰਹੁ ਭਜੁ ਸਰਣਿ ਕਬੀਰਾ॥੫॥੬॥੫੦॥		Har Kee Charanee Laag Rahu Bhaj Saran Kabeeraa ||5||6||50||	So remain attached to the Lord's Lotus Feet, and hurry to His Sanctuary, Kabeer! ||5||6||50||	ਹੇ ਕਬੀਰ! (ਇਸ ਨਿਰਾਸਤਾ ਤੋਂ ਬਚਣ ਲਈ) ਤੂੰ ਪ੍ਰਭੂ ਦੀ ਚਰਨੀਂ ਲੱਗਾ ਰਹੁ, ਪ੍ਰਭੂ ਦਾ ਆਸਰਾ ਲਈ ਰੱਖ ॥੫॥੬॥੫੦॥
15310	334	ਗਉੜੀ॥		Gourree ||	Gauree :	
15311	334	ਜੋਗੀ ਕਹਹਿ ਜੋਗੁ ਭਲ ਮੀਠਾ ਅਵਰੁ ਨ ਦੂਜਾ ਭਾਈ॥	ਕਹ-ਹਿ।ਭਲ: ਪੋਲਾ ਬੋਲੋ	Jogee Kehehi Jog Bhal Meethaa Avar N Dhoojaa Bhaaee ||	The Yogi says that Yoga is good and sweet, and nothing else is, O Siblings of Destiny.	ਜੋਗੀ ਆਖਦੇ ਹਨ-ਹੇ ਭਾਈ! ਜੋਗ (ਦਾ ਮਾਰਗ ਹੀ) ਚੰਗਾ ਤੇ ਮਿੱਠਾ ਹੈ, (ਇਸ ਵਰਗਾ) ਹੋਰ ਕੋਈ (ਸਾਧਨ) ਨਹੀਂ ਹੈ।

15312	334	ਰੁੰਡਿਤ ਮੁੰਡਿਤ ਏਕੈਸਬਦੀ ਏਇ ਕਹਹਿ ਸਿਧਿ ਪਾਈ॥੧॥	(ਰੁੰਡਿਤ)ਸਿਰਾਂ ਦੀ ਮਾਲਾ ਵਾਲੇ ਜਾਂਸਰੇਵੜੇ। (ਮੁੰਡਿਤ) ਰੋਡੇ। ਅਲਖ ਅਲਖ (ਏਕੈਸਬਦੀ) ਇੱਕ ਸਬਦ ਕਹਿ ਕੇ ਭਿਖਿਆ ਮੰਗਣ ਵਾਲੇ ਫਕੀਰ। (ਸਿੱਧਿ) ਮੁਕਤੀ। ਏ-ਇ ਕਹ-ਹਿ	Runddith Munddith Eaekai Sabadhee Eaee Kehehi Sidhh Paaee ||1||	Those who shave their heads, and those who amputate their limbs, and those who utter only a single word, all say that they have attained the spiritual perfection of the Siddhas. ||1||	ਸਰੇਵੜੇ ਸੰਨਿਆਸੀ ਅਵਧੂਤ, ਇਹ ਸਾਰੇ ਆਖਦੇ ਹਨ-ਅਸਾਂ ਹੀ ਸਿੱਧੀ ਲੱਭੀ ਹੈ ॥੧॥
15313	334	ਹਰਿ ਬਿਨੁ ਭਰਮਿ ਭੁਲਾਨੇ ਅੰਧਾ॥		Har Bin Bharam Bhulaanae Andhhaa ||	Without the Lord, the blind ones are deluded by doubt.	ਅੰਨ੍ਹੇ ਲੋਕ ਪਰਮਾਤਮਾ ਨੂੰ ਵਿਸਾਰ ਕੇ (ਪ੍ਰਭੂ ਦਾ ਸਿਮਰਨ ਛੱਡ ਕੇ) ਭੁਲੇਖੇ ਵਿਚ ਪਏ ਹੋਏ ਹਨ;
15314	334	ਜਾ ਪਹਿ ਜਾਉ ਆਪੁ ਛੁਟਕਾਵਨਿ ਤੇ ਬਾਧੇ ਬਹੁ ਫੰਧਾ॥੧॥ਰਹਾਉ॥	ਬਾੱਧੇ	Jaa Pehi Jaao Aap Shhuttakaavan Thae Baadhhae Bahu Fandhhaa ||1|| Rehaao ||	And those, to whom I go to find release - they themselves are bound by all sorts of chains. ||1||Pause||	(ਇਹੀ ਕਾਰਨ ਹੈ ਕਿ) ਮੈਂ ਜਿਸ ਜਿਸ ਕੋਲ ਹਉਮੈ ਤੋਂ ਛੁਟਕਾਰਾ ਕਰਾਣ ਜਾਂਦਾ ਹਾਂ, ਉਹ ਸਾਰੇ ਆਪ ਹੀ ਹਉਮੈ ਦੀਆਂ ਕਈ ਫਾਹੀਆਂ ਵਿਚ ਬੱਝੇ ਹੋਏ ਹਨ ॥੧॥ ਰਹਾਉ ॥

15315	334	ਜਹ ਤੇ ਉਪਜੀ ਤਹੀ ਸਮਾਨੀ ਇਹ ਬਿਧਿ ਬਿਸਰੀ ਤਬ ਹੀ॥		Jeh Thae Oupajee Thehee Samaanee Eih Bidhh Bisaree Thab Hee ||	The soul is re-absorbed into that from which it originated, when one leaves this path of errors.	ਜਿਸ (ਪ੍ਰਭੂ-ਵਿਛੋੜੇ) ਤੋਂ ਇਹ ਹਉਮੈ ਉਪਜਦੀ ਹੈ ਉਸ (ਪ੍ਰਭੂ ਵਿਛੋੜੇ) ਵਿਚ ਹੀ (ਸਾਰੀ ਲੋਕਾਈ) ਟਿਕੀ ਪਈ ਹੈ (ਭਾਵ, ਪ੍ਰਭੂ ਦੀ ਯਾਦ ਭੁਲਾਇਆਂ ਮਨੁੱਖ ਦੇ ਅੰਦਰ ਹਉਮੈ ਪੈਦਾ ਹੁੰਦੀ ਹੈ ਤੇ ਸਾਰੀ ਲੋਕਾਈ ਪ੍ਰਭੂ ਨੂੰ ਹੀ ਭੁਲਾਈ ਬੈਠੀ ਹੈ), ਇਸੇ ਕਰਕੇ ਤਾਹੀਏਂ ਦੁਨੀਆ ਭੁਲੇਖੇ ਵਿਚ ਹੈ (ਭਾਵ, ਹਰੇਕ ਭੇਖ ਵਾਲਾ ਆਪਣੇ ਹੀ ਬਾਹਰਲੇ ਚਿੰਨ੍ਹ ਆਦਿਕਾਂ ਨੂੰ ਜੀਵਨ ਦਾ ਸਹੀ ਰਸਤਾ ਕਹਿ ਰਿਹਾ ਹੈ)।
15316	334	ਪੰਡਿਤ ਗੁਣੀ ਸੂਰ ਹਮ ਦਾਤੇ ਏਹਿ ਕਹਹਿ ਬਡ ਹਮ ਹੀ॥੨॥	ਕਹ-ਹਿ	Panddith Gunee Soor Ham Dhaathae Eaehi Kehehi Badd Ham Hee ||2||	The scholarly Pandits, the virtuous, the brave and the generous, all assert that they alone are great. ||2||	ਪੰਡਿਤ, ਗੁਣੀ, ਸੂਰਮੇ, ਦਾਤੇ; ਇਹ ਸਾਰੇ (ਨਾਮ ਤੋਂ ਵਿੱਛੜ ਕੇ) ਇਹੀ ਆਖਦੇ ਹਨ ਕਿ ਅਸੀਂ ਸਭ ਤੋਂ ਵੱਡੇ ਹਾਂ ॥੨॥
15317	334	ਜਿਸਹਿ ਬੁਝਾਏ ਸੋਈ ਬੂਝੈ ਬਿਨੁ ਬੂਝੇ ਕਿਉ ਰਹੀਐ॥	ਜਿਸ-ਹਿ। ਬੁੱਝਾਏ। ਬੂੱਝੈ	Jisehi Bujhaaeae Soee Boojhai Bin Boojhae Kio Reheeai ||	He alone understands, whom the Lord inspires to understand. Without understanding, what can anyone do?	ਜਿਸ ਮਨੁੱਖ ਨੂੰ ਪ੍ਰਭੂ ਆਪ ਮੱਤ ਦੇਂਦਾ ਹੈ ਉਹੀ (ਅਸਲ ਗੱਲ) ਸਮਝਦਾ ਹੈ ਤੇ (ਉਸ ਅਸਲ ਗੱਲ ਦੇ) ਸਮਝਣ ਤੋਂ ਬਿਨਾ ਜੀਵਨ ਹੀ ਵਿਅਰਥ ਹੈ।

15318	334	ਸਤਿਗੁਰੁ ਮਿਲੈ ਅੰਧੇਰਾ ਚੂਕੈ ਇਨ ਬਿਧਿ ਮਾਣਕੁ ਲਹੀਐ॥੩॥		Sathigur Milai Andhhaeraa Chookai Ein Bidhh Maanak Leheeai ||3||	Meeting the True Guru, the darkness is dispelled, and in this way, the jewel is obtained. ||3||	(ਉਹ ਅਸਲ ਇਹ ਹੈ ਕਿ ਜਦੋਂ ਮਨੁੱਖ ਨੂੰ) ਸਤਿਗੁਰੂ ਮਿਲਦਾ ਹੈ (ਤਾਂ ਇਸ ਦੇ ਮਨ ਵਿਚੋਂ ਹਉਮੈ ਦਾ) ਹਨੇਰਾ ਦੂਰ ਹੋ ਜਾਂਦਾ ਹੈ ਤੇ ਇਸ ਤਰ੍ਹਾਂ (ਇਸ ਨੂੰ ਅੰਦਰੋਂ ਹੀ ਨਾਮ-ਰੂਪ) ਲਾਲ ਲੱਭ ਪੈਂਦਾ ਹੈ ॥੩॥
15319	334	ਤਜਿ ਬਾਵੇ ਦਾਹਨੇ ਬਿਕਾਰਾ ਹਰਿ ਪਦੁ ਦ੍ਰਿੜੁ ਕਰਿ ਰਹੀਐ॥	(ਬਾਵੇ) ਖੱਬੇ (ਦਾਹਨੇ) ਸੱਜੇ ਪਾਸੇ ਭਾਵ ਸਾਰੇ (ਬਿਕਾਰਾ) ਵਿਕਾਰ	Thaj Baavae Dhaahanae Bikaaraa Har Padh Dhrirr Kar Reheeai ||	Give up the evil actions of your left and right hands, and grasp hold of the Feet of the Lord.	ਲਾਂਭ ਦੇ ਵਿਕਾਰਾਂ ਦੇ ਫੁਰਨੇ ਛੱਡ ਕੇ ਪ੍ਰਭੂ ਦੀ ਯਾਦ ਦਾ (ਸਾਹਮਣੇ ਵਾਲਾ) ਨਿਸ਼ਾਨਾ ਪੱਕਾ ਕਰ ਰੱਖਣਾ ਚਾਹੀਦਾ ਹੈ।
15320	334	ਕਹੁ ਕਬੀਰ ਗੂੰਗੈ ਗੁੜੁ ਖਾਇਆ ਪੂਛੇ ਤੇ ਕਿਆ ਕਹੀਐ॥੪॥੭॥੫੧॥		Kahu Kabeer Goongai Gurr Khaaeiaa Pooshhae Thae Kiaa Keheeai ||4||7||51||	Says Kabeer, the mute has tasted the molasses, but what can he say about it if he is asked? ||4||7||51||	ਸੋ, ਕਬੀਰ ਆਖਦਾ ਹੈ- (ਜਿਵੇਂ) ਗੁੰਗੇ ਮਨੁੱਖ ਨੇ ਗੁੜ ਖਾਧਾ ਹੋਵੇ (ਤਾਂ) ਪੁੱਛਿਆਂ (ਉਸ ਦਾ ਸੁਆਦ) ਨਹੀਂ ਦੱਸ ਸਕਦਾ (ਤਿਵੇਂ ਪ੍ਰਭੂ ਦੇ ਚਰਨਾਂ ਵਿਚ ਜੁੜਨ ਦਾ ਅਨੰਦ ਬਿਆਨ ਨਹੀਂ ਕੀਤਾ ਜਾ ਸਕਦਾ) ॥੪॥੭॥੫੧॥
15321	334	ਰਾਗੁ ਗਉੜੀ ਪੂਰਬੀ ਕਬੀਰ ਜੀ॥		Raag Gourree Poorabee Kabeer Jee ||	Raag Gauree Poorbee, Kabeer Jee:	ਰਾਗ ਗਉੜੀ-ਪੂਰਬੀ ਵਿੱਚ ਭਗਤ ਕਬੀਰ ਜੀ ਦੀ ਬਾਣੀ।
15322	334	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

15323	334	ਜਹ ਕਛੁ ਅਹਾ ਤਹਾ ਕਿਛੁ ਨਾਹੀ ਪੰਚ ਤਤੁ ਤਹ ਨਾਹੀ॥	(ਅਹਾ) ਸੀ	Jeh Kashh Ahaa Thehaa Kishh Naahee Panch Thath Theh Naahee ||	Where something existed, now there is nothing. The five elements are no longer there.	(ਹੇ ਕਬੀਰ! ਮੇਰੀ ਲਿਵ ਪ੍ਰਭੂ-ਚਰਨਾਂ ਵਿਚ ਲੱਗ ਰਹੀ ਹੈ) ਜਿਸ (ਮੇਰੇ) ਮਨ ਵਿਚ (ਪਹਿਲਾਂ) ਮਮਤਾ ਸੀ, ਹੁਣ (ਲਿਵ ਦੀ ਬਰਕਤ ਨਾਲ) ਉਸ ਵਿਚੋਂ ਮਮਤਾ ਮੁੱਕ ਗਈ ਹੈ, ਆਪਣੇ ਸਰੀਰ ਦਾ ਮੋਹ ਭੀ ਨਹੀਂ ਰਹਿ ਗਿਆ।
15324	334	ਇੜਾ ਪਿੰਗੁਲਾ ਸੁਖਮਨ ਬੰਦੇ ਏ ਅਵ ਗਨ ਕਤ ਜਾਹੀ॥੧॥	(ਅਵ) ਹੁਣ। (ਗਨ) ਗਿਣਤੀ	Eirraa Pingulaa Sukhaman Bandhae Eae Avagan Kath Jaahee ||1||	The Ida, the Pingala and the Sushmanaa - O human being, how can the breaths through these be counted now? ||1||	ਹੇ ਭਾਈ! ਇੜਾ-ਪਿੰਗਲਾ-ਸੁਖਮਨਾ ਵਾਲੇ (ਪ੍ਰਾਣ ਚਾੜ੍ਹਨ ਤੇ ਰੋਕਣ ਆਦਿਕ ਦੇ ਕੋਝੇ ਕੰਮ ਤਾਂ ਪਤਾ ਹੀ ਨਹੀਂ ਕਿੱਥੇ ਚਲੇ ਜਾਂਦੇ ਹਨ (ਭਾਵ, ਜਿਸ ਮਨੁੱਖ ਦੀ ਸੁਰਤ ਪ੍ਰਭੂ-ਚਰਨਾਂ ਵਿਚ ਜੁੜ ਗਈ ਹੈ, ਉਸ ਨੂੰ ਪ੍ਰਾਣਾਯਾਮ ਆਦਿਕ ਸਾਧਨ ਤਾਂ ਜਪਦੇ ਹੀ ਬੇਲੋੜਵੇਂ ਕੋਝੇ ਕੰਮ ਹਨ) ॥੧॥
15325	334	ਤਾਗਾ ਤੂਟਾ ਗਗਨੁ ਬਿਨਸਿ ਗਇਆ ਤੇਰਾ ਬੋਲਤੁ ਕਹਾ ਸਮਾਈ॥	ਗ–ਇਆ	Thaagaa Thoottaa Gagan Binas Gaeiaa Thaeraa Bolath Kehaa Samaaee ||	The string has been broken, and the Sky of the Tenth Gate has been destroyed. Where has your speech gone?	(ਪ੍ਰਭੂ-ਚਰਨਾਂ ਵਿਚ ਲਿਵ ਦੀ ਬਰਕਤ ਨਾਲ ਮੇਰਾ ਮੋਹ ਦਾ) ਧਾਗਾ ਟੁੱਟ ਗਿਆ ਹੈ, ਮੇਰੇ ਅੰਦਰੋਂ ਮੋਹ ਦਾ ਪਸਾਰਾ ਮੁੱਕ ਗਿਆ ਹੈ, ਵਿਤਕਰੇ ਕਰਨ ਵਾਲੇ ਸੁਭਾਵ ਦਾ ਨਾਮ-ਨਿਸ਼ਾਨ ਹੀ ਮਿਟ ਗਿਆ ਹੈ।

15326	334	ਏਹ ਸੰਸਾ ਮੋਕਉ ਅਨ ਦਿਨੁ ਬਿਆਪੈ ਮੋਕਉ ਕੋ ਨ ਕਹੈ ਸਮਝਾਈ॥੧॥ਰਹਾਉ ॥		Eaeh Sansaa Mo Ko Anadhin Biaapai Mo Ko Ko N Kehai Samajhaaee ||1|| Rehaao ||	This cynicism afflicts me, night and day; who can explain this to me and help me understand? ||1||Pause||	(ਇਸ ਤਬਦੀਲੀ ਦੀ) ਹੈਰਾਨੀ ਮੈਨੂੰ ਹਰ ਰੋਜ਼ ਆਉਂਦੀ ਹੈ (ਕਿ ਇਹ ਕਿਵੇਂ ਹੋ ਗਿਆ, ਪਰ) ਕੋਈ ਮਨੁੱਖ ਇਹ ਸਮਝਾ ਨਹੀਂ ਸਕਦਾ, (ਕਿਉਂਕਿ ਇਹ ਅਵਸਥਾ ਸਮਝਾਈ ਨਹੀਂ ਜਾ ਸਕਦੀ, ਅਨੁਭਵ ਹੀ ਕੀਤੀ ਜਾ ਸਕਦੀ ਹੈ) ॥੧॥ ਰਹਾਉ ॥
15327	334	ਜਹ ਬਰਭੰਡੁ ਪਿੰਡੁ ਤਹ ਨਾਹੀ ਰਚਨਹਾਰੁ ਤਹ ਨਾਹੀ॥	(ਬਰਭੰਡੁ) ਸ੍ਰਿਸ਼ਟੀ। (ਪਿੰਡੁ) ਸਰੀਰ	Jeh Barabhandd Pindd Theh Naahee Rachanehaar Theh Naahee ||	Where the world is - the body is not there; the mind is not there either.	ਜਿਸ ਮਨ ਵਿਚ (ਪਹਿਲਾਂ) ਸਾਰੀ ਦੁਨੀਆ (ਦੇ ਧਨ ਦਾ ਮੋਹ) ਸੀ, (ਲਿਵ ਦੀ ਬਰਕਤ ਨਾਲ) ਉਸ ਵਿਚ ਹੁਣ ਆਪਣੇ ਸਰੀਰ ਦਾ ਮੋਹ ਭੀ ਨਹੀਂ ਰਿਹਾ, ਮੋਹ ਦੇ ਤਾਣੇ ਤਣਨ ਵਾਲਾ ਉਹ ਮਨ ਹੀ ਨਹੀਂ ਰਿਹਾ;
15328	334	ਜੋੜਨਹਾਰੋ ਸਦਾ ਅਤੀਤਾ ਇਹ ਕਹੀਐ ਕਿਸੁ ਮਾਹੀ॥੨॥	(ਅਤੀਤਾ) ਨਿਰਲੇਪ	Jorranehaaro Sadhaa Atheethaa Eih Keheeai Kis Maahee ||2||	The Joiner is forever unattached; now, within whom is the soul said to be contained? ||2||	ਹੁਣ ਤਾਂ ਮਾਇਆ ਦੇ ਮੋਹ ਤੋਂ ਨਿਰਲੇਪ ਜੋੜਨਹਾਰ ਪ੍ਰਭੂ ਆਪ ਹੀ (ਮਨ ਵਿਚ) ਵੱਸ ਰਿਹਾ ਹੈ। ਪਰ, ਇਹ ਅਵਸਥਾ ਕਿਸੇ ਪਾਸ ਬਿਆਨ ਨਹੀਂ ਕੀਤੀ ਜਾ ਸਕਦੀ ॥੨॥

15329	334	ਜੋੜੀ ਜੁੜੈ ਨ ਤੋੜੀ ਤੂਟੈ ਜਬ ਲਗੁ ਹੋਇ ਬਿਨਾਸੀ॥		Jorree Jurrai N Thorree Thoottai Jab Lag Hoe Binaasee ||	By joining the elements, people cannot join them, and by breaking, they cannot be broken, until the body perishes.	ਜਦ ਤਕ (ਮਨੁੱਖ ਦਾ ਮਨ) ਨਾਸਵੰਤ (ਸਰੀਰ ਨਾਲ ਇੱਕ-ਰੂਪ) ਰਹਿੰਦਾ ਹੈ, ਤਦ ਤਕ ਇਸ ਦੀ ਪ੍ਰੀਤ ਨਾਹ (ਪ੍ਰਭੂ ਨਾਲ) ਜੋੜਿਆਂ ਜੁੜ ਸਕਦੀ ਹੈ, ਨਾਹ (ਮਾਇਆ ਨਾਲੋਂ) ਤੋੜਿਆਂ ਟੁੱਟ ਸਕਦੀ ਹੈ।
15330	334	ਕਾ ਕੋ ਠਾਕੁਰੁ ਕਾ ਕੋ ਸੇਵਕੁ ਕੋ ਕਾਹੂ ਕੈ ਜਾਸੀ॥੩॥		Kaa Ko Thaakur Kaa Ko Saevak Ko Kaahoo Kai Jaasee ||3||	Of whom is the soul the master, and of whom is it the servant? Where, and to whom does it go? ||3||	(ਇਸ ਦਸ਼ਾ ਵਿਚ ਗ੍ਰਸੇ ਹੋਏ) ਮਨ ਦਾ ਨਾਹ ਹੀ ਪ੍ਰਭੂ (ਸਹੀ ਭਾਵ ਵਿਚ) ਖਸਮ ਹੈ, ਨਾਹ ਇਹ ਮਨ ਪ੍ਰਭੂ ਦਾ ਸੇਵਕ ਬਣ ਸਕਦਾ ਹੈ। ਫਿਰ ਕਿਸ ਨੇ ਕਿਸ ਦੇ ਪਾਸ ਜਾਣਾ ਹੈ? (ਭਾਵ, ਇਹ ਦੇਹ-ਅੱਧਿਆਸੀ ਮਨ ਸਰੀਰ ਦੇ ਮੋਹ ਵਿਚੋਂ ਉੱਚਾ ਉੱਠ ਕੇ ਪ੍ਰਭੂ ਦੇ ਚਰਨਾਂ ਵਿਚ ਜਾਂਦਾ ਹੀ ਨਹੀਂ) ॥੩॥
15331	334	ਕਹੁ ਕਬੀਰ ਲਿਵ ਲਾਗਿ ਰਹੀ ਹੈ ਜਹਾ ਬਸੇ ਦਿਨ ਰਾਤੀ॥		Kahu Kabeer Liv Laag Rehee Hai Jehaa Basae Dhin Raathee ||	Says Kabeer, I have lovingly focused my attention on that place where the Lord dwells, day and night.	ਕਬੀਰ ਆਖਦਾ ਹੈ- ਮੇਰੀ ਸੁਰਤ (ਪ੍ਰਭੂ-ਚਰਨਾਂ ਵਿਚ) ਲੱਗੀ ਰਹਿੰਦੀ ਹੈ ਅਤੇ ਦਿਨ ਰਾਤ ਉੱਥੇ ਹੀ ਟਿਕੀ ਰਹਿੰਦੀ ਹੈ (ਪਰ ਇਸ ਤਰ੍ਹਾਂ ਮੈਂ ਉਸ ਦਾ ਭੇਤ ਨਹੀਂ ਪਾ ਸਕਦਾ)।

15332	334	ਉਆ ਕਾ ਮਰਮੁ ਓਹੀ ਪਰੁ ਜਾਨੈ ਓਹੁ ਤਉ ਸਦਾ ਅਬਿਨਾਸੀ॥੪॥੧॥ ੫੨॥		Ouaa Kaa Maram Ouhee Par Jaanai Ouhu Tho Sadhaa Abinaasee ||4||1||52||	Only He Himself truly knows the secrets of His mystery; He is eternal and indestructible. ||4||1||52||	ਉਸ ਦਾ ਭੇਤ ਉਹ ਆਪ ਹੀ ਜਾਣਦਾ ਹੈ, ਅਤੇ ਉਹ ਹੈ ਸਦਾ ਹੀ ਕਾਇਮ ਰਹਿਣ ਵਾਲਾ ਹੈ ॥੪॥੧॥੫੨॥
15333	334	ਗਉੜੀ॥		Gourree ||	Gauree:	
15334	334	ਸੁਰਤਿ ਸਿਮ੍ਰਿਤਿ ਦੁਇ ਕੰਨੀ ਮੁੰਦਾ ਪਰ ਮਿਤਿ ਬਾਹਰਿ ਖਿੰਥਾ॥	(ਪਰ) ਵਿਸ਼ੇਸ਼ ਅਥਵਾ (ਪਰ) ਪਰੇ। (ਮਿਤਿ) ਮਰਯਾਦਾ। ਸਿਮ-ਰ੍ਿਤਿ	Surath Simrith Dhue Kannee Mundhaa Paramith Baahar Khinthhaa ||	Let contemplation and intuitive meditation be your two ear-rings, and true wisdom your patched overcoat.	ਪ੍ਰਭੂ ਦੇ ਚਰਨਾਂ ਵਿਚ ਸੁਰਤ ਜੋੜਨੀ ਤੇ ਪ੍ਰਭੂ ਦਾ ਨਾਮ ਸਿਮਰਨਾ-ਇਹ ਮਾਨੋ, ਮੈਂ ਦੋਹਾਂ ਕੰਨਾਂ ਵਿਚ ਮੁੰਦਰਾਂ ਪਾਈਆਂ ਹੋਈਆਂ ਹਨ। ਪ੍ਰਭੂ ਦਾ ਯਥਾਰਥ ਗਿਆਨ-ਇਹ ਮੈਂ ਆਪਣੇ ਤੇ ਗੋਦੜੀ ਲਈ ਹੋਈ ਹੈ।
15335	334	ਸੁੰਨ ਗੁਫਾ ਮਹਿ ਆਸਣੁ ਬੈਸਣੁ ਕਲਪ ਬਿਬਰਜਿਤ ਪੰਥਾ॥੧॥	(ਕਲਪ) ਕਲਪਣਾ। (ਬਿ-ਬਰਜਿਤ) ਵਰਜਿਆ। (ਪੰਥਾ) ਰਸਤਾ	Sunn Gufaa Mehi Aasan Baisan Kalap Bibarajith Panthhaa ||1||	In the cave of silence, dwell in your Yogic posture; let the subjugation of desire be your spiritual path. ||1||	ਅਫੁਰ ਅਵਸਥਾ-ਰੂਪ ਗੁਫ਼ਾ ਵਿਚ ਮੈਂ ਆਸਣ ਲਾਈ ਬੈਠਾ ਹਾਂ (ਭਾਵ, ਮੇਰਾ ਮਨ ਹੀ ਮੇਰੀ ਗੁਫ਼ਾ ਹੈ; ਜਿਥੇ ਮੈਂ ਦੁਨੀਆ ਧੰਧਿਆਂ ਵਾਲੇ ਕੋਈ ਫੁਰਨੇ ਨਹੀਂ ਉਠਣ ਦੇਂਦਾ ਤੇ ਇਸ ਤਰ੍ਹਾਂ ਆਪਣੇ ਅੰਦਰ, ਮਾਨੋ, ਇਕ ਏਕਾਂਤ ਵਿਚ ਬੈਠਾ ਹੋਇਆ ਹਾਂ)। ਦੁਨੀਆ ਦੀਆਂ ਕਲਪਣਾ ਤਿਆਗ ਦੇਣੀਆਂ-ਇਹ ਹੈ ਮੇਰਾ (ਜੋਗ-) ਪੰਥ ॥੧॥

15336	334	ਮੇਰੇ ਰਾਜਨ ਮੈ ਬੈਰਾਗੀ ਜੋਗੀ॥		Maerae Raajan Mai Bairaagee Jogee ||	O my King, I am a Yogi, a hermit, a renunciate.	ਹੇ ਮੇਰੇ ਪਾਤਸ਼ਾਹ (ਪ੍ਰਭੂ!) ਮੈਂ (ਤੇਰੀ ਯਾਦ ਦੀ) ਲਗਨ ਵਾਲਾ ਜੋਗੀ ਹਾਂ,
15337	334	ਮਰਤ ਨ ਸੋਗ ਬਿਓਗੀ॥੧॥ਰਹਾਉ ॥	(ਬਿਓਗੀ) ਵਿਛੋੜਾ। ਨ ਦੇਲ਼ੀ ਦੀਵਾ	Marath N Sog Biougee ||1|| Rehaao ||	I do not die or suffer pain or separation. ||1||Pause||	(ਇਸ ਵਾਸਤੇ) ਮੌਤ (ਦਾ ਡਰ) ਚਿੰਤਾ ਤੇ ਵਿਛੋੜਾ ਮੈਨੂੰ ਪੋਂਹਦੇ ਨਹੀਂ ਹਨ ॥੧॥ ਰਹਾਉ ॥
15338	334	ਖੰਡ ਬ੍ਰਹਮੰਡ ਮਹਿ ਸਿੰਙੀ ਮੇਰਾ ਬਟੂਆ ਸਭੁ ਜਗੁ ਭਸਮਾਧਾਰੀ॥	(ਬਟੂਆ) ਸੁਆਹ ਰੱਖਣ ਵਾਲੀ ਥੈਲੀ। (ਭਸਮਾਧਾਰੀ) ਧੂਣੀ	Khandd Brehamandd Mehi Sinn(g)ee Maeraa Battooaa Sabh Jag Bhasamaadhhaare e ||	The solar systems and galaxies are my horn; the whole world is the bag to carry my ashes.	ਸਾਰੇ ਖੰਡਾਂ ਬ੍ਰਹਿਮੰਡਾਂ ਵਿਚ (ਪ੍ਰਭੂ ਦੀ ਵਿਆਪਕਤਾ ਦਾ ਸਭ ਨੂੰ ਸੁਨੇਹਾ ਦੇਣਾ)-ਇਹ, ਮਾਨੋ, ਮੈਂ ਸਿੰਙੀ ਵਜਾ ਰਿਹਾ ਹਾਂ। ਸਾਰੇ ਜਗਤ ਨੂੰ ਨਾਸਵੰਤ ਸਮਝਣਾ-ਇਹ ਹੈ ਮੇਰਾ ਸੁਆਹ ਪਾਣ ਵਾਲਾ ਥੈਲਾ।
15339	334	ਤਾੜੀ ਲਾਗੀ ਤ੍ਰਿਪਲੁ ਪਲਟੀਐ ਛੂਟੈ ਹੋਇ ਪਸਾਰੀ॥੨॥	(ਤਾੜੀ) ਸਮਾਧੀ। (ਤਿ ਪਲੁ) ਤ੍ਰਿਗੁਣੀ ਮਾਇਆ। (ਪਸਾਰੀ) ਪਸਾਰੇ ਵਾਲੇ	Thaarree Laagee Thripal Palatteeai Shhoottai Hoe Pasaaree ||2||	Eliminating the three qualities and finding release from this world is my deep meditation. ||2||	ਤ੍ਰੈਗੁਣੀ ਮਾਇਆ ਦੇ ਪ੍ਰਭਾਵ ਨੂੰ ਮੈਂ ਪਰਤਾਅ ਦਿੱਤਾ ਹੈ-ਇਹ ਮਾਨੋ, ਮੈਂ ਤਾੜੀ ਲਾਈ ਹੋਈ ਹੈ। ਇਸ ਤਰ੍ਹਾਂ ਮੈਂ ਗ੍ਰਿਹਸਤੀ ਹੁੰਦਾ ਹੋਇਆ ਭੀ ਮੁਕਤ ਹਾਂ ॥੨॥
15340	334	ਮਨੁ ਪਵਨੁ ਦੁਇ ਤੂੰਬਾ ਕਰੀ ਹੈ ਜੁਗ ਜੁਗ ਸਾਰਦ ਸਾਜੀ॥	(ਪਵਨੁ) ਸੁਆਸ। (ਤੂੰਬਾ) ਸੁੱਕਾ ਕੱਦੂ ਤੰਤੀ ਸਾਜਾਂ ਚ ਵਰਤੀਦਾ। (ਸਾਰਦ) ਵੀਣਾ ਦੀ ਡੰਡੀ	Man Pavan Dhue Thoonbaa Karee Hai Jug Jug Saaradh Saajee ||	My mind and breath are the two gourds of my fiddle, and the Lord of all the ages is its frame.	(ਮੇਰੇ ਅੰਦਰ) ਇਕ-ਰਸ ਕਿੰਗੁਰੀ (ਵੀਣਾ) ਵੱਜ ਰਹੀ ਹੈ। ਮੇਰਾ ਮਨ ਅਤੇ ਸੁਆਸ (ਉਸ ਕਿੰਗੁਰੀ ਦੇ) ਦੋਵੇਂ ਤੂੰਬੇ ਹਨ। ਸਦਾ-ਥਿਰ ਰਹਿਣ ਵਾਲਾ ਪ੍ਰਭੂ (ਮਨ ਤੇ ਸੁਆਸ ਦੋਹਾਂ ਤੂੰਬਿਆਂ ਨੂੰ ਜੋੜਨ ਵਾਲੀ) ਮੈਂ ਡੰਡੀ ਬਣਾਈ ਹੈ।

15341	335	ਥਿਰੁ ਭਈ ਤੰਤੀ ਤੂਟਸਿ ਨਾਹੀ ਅਨਹਦ ਕਿੰਗੁਰੀ ਬਾਜੀ॥੩॥	(ਤੰਤੀ) ਤਾਰ। (ਅਨਹਦ) ਇੱਕਰਸ। (ਕਿੰਗੁਰੀ) ਵੀਣਾ। ਬੱਾਜੀ	Thhir Bhee Thanthee Thoottas Naahee Anehadh Kinguree Baajee ||3||	The string has become steady, and it does not break; this guitar vibrates with the unstruck melody. ||3||	ਸੁਰਤ ਦੀ ਤਾਰ (ਉਸ ਕਿੰਗੁਰੀ ਦੀ ਵੱਜਣ ਵਾਲੀ ਤੰਤੀ) ਮਜ਼ਬੂਤ ਹੋ ਗਈ ਹੈ, ਕਦੇ ਟੁੱਟਦੇ ਨਹੀਂ ॥੩॥
15342	335	ਸੁਨਿ ਮਨ ਮਗਨ ਭਏ ਹੈ ਪੂਰੇ ਮਾਇਆ ਡੋਲ ਨ ਲਾਗੀ॥	(ਦੂਜਾ ਪਾਠ: ਡੋਲਨ)	Sun Man Magan Bheae Hai Poorae Maaeiaa Ddol N Laagee ||	Hearing it, the mind is enraptured and becomes perfect; it does not waver, and it is not affected by Maya.	(ਇਸ ਅੰਦਰਲੀ ਕਿੰਗੁਰੀ ਦੇ ਰਾਗ ਨੂੰ) ਸੁਣ ਕੇ ਮੇਰਾ ਮਨ ਇਸ ਤਰ੍ਹਾਂ ਪੂਰਨ ਤੌਰ ਤੇ ਮਸਤ ਹੋ ਗਿਆ ਹੈ ਕਿ ਇਸ ਨੂੰ ਮਾਇਆ ਦਾ ਧੱਕਾ ਨਹੀਂ ਵੱਜ ਸਕਦਾ।
15343	335	ਕਹੁ ਕਬੀਰ ਤਾ ਕਉ ਪੁਨਰਪਿ ਜਨਮੁ ਨਹੀ ਖੇਲਿ ਗਇਓ ਬੈਰਾਗੀ॥੪॥੨॥੫੩॥	ਪੁਨ-ਰਪਿ: ਪੋਲਾ ਬੋਲੋ, ਖ਼ੇਲਿ	Kahu Kabeer Thaa Ko Punarap Janam Nehee Khael Gaeiou Bairaagee ||4||2||53||	Says Kabeer, the bairaagee, the renunciate, who has played such a game, is not reincarnated again into the world of form and substance. ||4||2||53||	ਕਬੀਰ ਆਖਦਾ ਹੈ- ਜੋ ਲਗਨ ਵਾਲਾ ਜੋਗੀ ਅਜਿਹੀ ਖੇਡ ਖੇਡ ਕੇ ਜਾਂਦਾ ਹੈ ਉਸ ਨੂੰ ਫਿਰ ਕਦੇ ਜਨਮ (ਮਰਨ) ਨਹੀਂ ਹੁੰਦਾ ॥੪॥੨॥੫੩॥
15344	335	ਗਉੜੀ॥		Gourree ||	Gauree:	

15345	335	ਗਜ ਨਵ ਗਜ ਦਸ ਗਜ ਇਕੀਸ ਪੁਰੀਆ ਏਕ ਤਨਾਈ॥	ਗਜ: ਪੋਲਾ ਬੋਲੋ	Gaj Nav Gaj Dhas Gaj Eikees Pureeaa Eaek Thanaaee ||	Nine yards, ten yards, and twenty-one yards - weave these into the full piece of cloth;	(ਜਦੋਂ ਜੀਵ ਜਨਮ ਲੈਂਦਾ ਹੈ ਤਾਂ, ਮਾਨੋ,) ਪੂਰੀ ਇਕ ਤਾਣੀ (੪੦ ਗਜ਼ਾਂ ਦੀ ਤਿਆਰ ਹੋ ਜਾਂਦੀ ਹੈ) ਜਿਸ ਵਿਚ ਨੌ ਗੋਲਕਾਂ, ਦਸ ਇੰਦਰੇ ਤੇ ਇੱਕੀ ਗਜ਼ ਹੋਰ ਹੁੰਦੇ ਹਨ (ਭਾਵ, ਪੰਜ ਸੂਖਮ ਤੱਤ, ਪੰਜ ਸਥੂਲ ਤੱਤ, ਦਸ ਪ੍ਰਾਣ ਤੇ ਇਕ ਮਨ-ਇਹ ੨੧ ਗਜ਼ ਤਾਣੀ ਦੇ ਹੋਰ ਹਨ)।
15346	335	ਸਾਠ ਸੂਤ ਨਵ ਖੰਡ ਬਹਤਰਿ ਪਾਟੁ ਲਗੋ ਅਧਿਕਾਈ॥੧॥	ਬ-ਹੱਤਰਿ	Saath Sooth Nav Khandd Behathar Paatt Lago Adhhikaaee ||1||	Take the sixty threads and add nine joints to the seventy-two on the loom. ||1||	ਸੱਠ ਨਾੜੀਆਂ (ਇਹ ਉਸ ਤਾਣੀ ਦੇ ਲੰਮੇ ਪਾਸੇ ਦਾ) ਸੂਤਰ ਹੁੰਦਾ ਹੈ, (ਸਰੀਰ ਦੇ ਨੌ ਜੋੜ ਉਸ ਤਾਣੀ ਦੇ) ਨੌ ਟੋਟੇ ਹਨ ਅਤੇ ਬਹੱਤਰ ਛੋਟੀਆਂ ਨਾੜੀਆਂ (ਇਹ ਉਸ ਤਾਣੀ ਨੂੰ) ਵਾਧੂ ਪੇਟਾ ਲੱਗਾ ਹੋਇਆ ਸਮਝੋ ॥੧॥
15347	335	ਗਈ ਬੁਨਾਵਨ ਮਾਹੋ॥	(ਮਾਹੋ) ਜੁਲਾਹੀ ਇਸਤ੍ਰੀ ਅੰਤ੍ਰੀਵ ਬੁੱਧੀ	Gee Bunaavan Maaho ||	Life weaves itself into its patterns.	ਵਾਸ਼ਨਾ (ਇਹ ਸਰੀਰ ਦੀ ਤਾਣੀ) ਉਣਾਉਣ ਤੁਰ ਪੈਂਦੀ ਹੈ,
15348	335	ਘਰ ਛੋਡਿਐ ਜਾਇ ਜੁਲਾਹੋ॥੧॥ਰਹਾਉ॥		Ghar Shhoddiai Jaae Julaaho ||1|| Rehaao ||	Leaving her home, the soul goes to the world of the weaver. ||1||Pause||	ਜਦੋਂ ਜੀਵ-ਜੁਲਾਹਾ ਪ੍ਰਭੂ ਦੇ ਚਰਨ ਵਿਸਾਰਦਾ ਹੈ। (ਭਾਵ, ਪ੍ਰਭੂ ਨੂੰ ਵਿਸਾਰਨ ਕਰਕੇ ਜੀਵ ਵਾਸ਼ਨਾ ਵਿਚ ਬੱਝ ਜਾਂਦਾ ਹੈ ਤੇ ਇਹ ਵਾਸ਼ਨਾ ਇਸ ਨੂੰ ਸਰੀਰ ਵਿਚ ਲਿਆਉਣ ਦਾ ਕਾਰਨ ਬਣਦੀ ਹੈ) ॥੧॥ ਰਹਾਉ ॥

15349	335	ਗਜੀ ਨ ਮਿਨੀਐ ਤੋਲਿ ਨ ਤੁਲੀਐ ਪਾਚਨੁ ਸੇਰ ਅਢਾਈ॥	ਤਾਣੀ ਦੇ ਧਾਗਿਆਂ ਨੂੰ ਲਾਉਣ ਲਈ ਪਕਾਈ ਆਟੇ ਦੀ (ਪਾਚਨੁ) ਲੇਵੀ ਪਾਣ। ਪਾਚਨੁ ਪੱਪੇ ਕੰਨੇ ਬਿੰਦੀ ਨਹੀਂ ਲਾਉਣੀ। ਗਜੀਂ: ਪੋਲਾ ਬੋਲੋ।	Gajee N Mineeai Thol N Thuleeai Paachan Saer Adtaaee ||	This cloth cannot be measured in yards or weighed with weights; its food is two and a half measures.	(ਸਰੀਰ-ਰੂਪ ਇਹ ਤਾਣੀ) ਗਜ਼ਾਂ ਨਾਲ ਨਹੀਂ ਮਿਣੀਦੀ, ਤੇ ਵੱਟੇ ਨਾਲ ਤੋਲੀਦੀ ਭੀ ਨਹੀਂ (ਉਂਞ ਇਸ ਤਾਣੀ ਨੂੰ ਭੀ ਹਰ ਰੋਜ਼) ਢਾਈ ਸੇਰ (ਖ਼ੁਰਾਕ-ਰੂਪ) ਪਾਣ ਚਾਹੀਦੀ ਹੈ।
15350	335	ਜੌ ਕਰਿ ਪਾਚਨੁ ਬੇਗਿ ਨ ਪਾਵੈ ਝਗਰੁ ਕਰੈ ਘਰ ਹਾਈ॥੨॥	(ਬੇਗਿ) ਛੇਤੀ। (ਹਾਈ) ਨਾਸ ਕਰਨ ਵਾਲੀ	Ja Kar Paachan Baeg N Paavai Jhagar Karai Gharehaaee ||2||	If it does not obtain food right away, it quarrels with the master of the house. ||2||	ਜੇ ਇਸ ਨੂੰ ਇਹ ਪਾਣ ਵੇਲੇ ਸਿਰ ਨਾ ਮਿਲੇ ਤਾਂ ਘਰ ਵਿਚ ਹੀ ਰੌਲਾ ਪਾ ਦੇਂਦੀ ਹੈ (ਭਾਵ, ਜੇ ਖ਼ੁਰਾਕ ਨਾਹ ਮਿਲੇ ਤਾਂ ਸਰੀਰ ਵਿਚ ਤਰਥੱਲ ਮੱਚ ਜਾਂਦੀ ਹੈ) ॥੨॥
15351	335	ਦਿਨ ਕੀ ਬੈਠ ਖਸਮ ਕੀ ਬਰਕਸ ਇਹ ਬੇਲਾ ਕਤ ਆਈ॥	(ਬੈਠ) ਬੈਠਕ। (ਬਰਕਸ) ਉਲਟ। ਬੇਲਾ: ਪੋਲਾ ਬੋਲੋ	Dhin Kee Baith Khasam Kee Barakas Eih Baelaa Kath Aaee ||	How many days will you sit here, in opposition to your Lord and Master? When will this opportunity come again?	(ਵਾਸ਼ਨਾ-ਬੱਧਾ ਜੀਵ) ਥੋੜੇ ਦਿਨਾਂ ਦੇ ਜੀਊਣ ਖ਼ਾਤਰ ਖਸਮ-ਪ੍ਰਭੂ ਤੋਂ ਆਕੀ ਹੋ ਜਾਂਦਾ ਹੈ (ਪ੍ਰਭੂ ਦੀ ਯਾਦ ਦਾ ਸਮਾ ਗੁਆ ਲੈਂਦਾ ਹੈ ਤੇ ਫਿਰ) ਇਹ ਵੇਲਾ ਹੱਥ ਨਹੀਂ ਆਉਂਦਾ।
15352	335	ਛੂਟੇ ਕੂੰਡੇ ਭੀਗੈ ਪੁਰੀਆ ਚਲਿਓ ਜੁਲਾਹੋ ਰੀਸਾਈ॥੩॥	(ਕੂੰਡੇ) ਪਦਾਰਥ। ਵਾਸ਼ਨਾ ਰੂਪੀ (ਪੁਰੀਆ) ਨਲੀਆਂ	Shhoottae Koonddae Bheegai Pureeaa Chaliou Julaaho Reesaaee ||3||	Leaving his pots and pans, and the bobbins wet with his tears, the weaver soul departs in jealous anger. ||3||	(ਆਖ਼ਰ) ਇਹ ਪਦਾਰਥ ਖੁੱਸ ਜਾਂਦੇ ਹਨ, ਮਨ ਦੀਆਂ ਵਾਸ਼ਨਾਂ ਇਹਨਾਂ ਪਦਾਰਥਾਂ ਵਿਚ ਫਸੀਆਂ ਹੀ ਰਹਿ ਜਾਂਦੀਆਂ ਹਨ, (ਇਸ ਵਿਛੋੜੇ ਦੇ ਕਾਰਨ) ਜੀਵ-ਜੁਲਾਹਾ ਖਿੱਝ ਕੇ ਇਥੋਂ ਤੁਰ ਪੈਂਦਾ ਹੈ ॥੩॥

15353	335	ਛੋਛੀ ਨਲੀ ਤੰਤੁ ਨਹੀ ਨਿਕਸੈ ਨ ਤਰ ਰਹੀ ਉਰਝਾਈ॥	(ਦੂਜਾ ਪਾਠ: ਨਤਰ)	Shhoshhee Nalee Thanth Nehee Nikasai Nathar Rehee Ourajhaaee ||	The wind-pipe is empty now; the thread of the breath does not come out any longer. The thread is tangled; it has run out.	(ਆਖ਼ਰ) ਨਲੀ ਖ਼ਾਲੀ ਹੋ ਜਾਂਦੀ ਹੈ, ਤੰਦ ਨਹੀਂ ਨਿਕਲਦੀ, ਤੁਰ ਉਲਝੀ ਨਹੀਂ ਰਹਿੰਦੀ (ਭਾਵ, ਜੀਵਾਤਮਾ ਸਰੀਰ ਨੂੰ ਛੱਡ ਦੇਂਦਾ ਹੈ, ਸੁਆਸ ਚੱਲਣੇ ਮੁੱਕ ਜਾਂਦੇ ਹਨ, ਸੁਆਸਾਂ ਦਾ ਨਾਭੀ ਨਾਲੋਂ ਸੰਬੰਧ ਟੁੱਟ ਜਾਂਦਾ ਹੈ)।
15354	335	ਛੋਡਿ ਪਸਾਰੁ ਈਹਾ ਰਹੁ ਬਪੁਰੀ ਕਹੁ ਕਬੀਰ ਸਮਝਾਈ॥੪॥੩॥੫੪॥		Shhodd Pasaar Eehaa Rahu Bapuree Kahu Kabeer Samajhaaee ||4||3||54||	So renounce the world of form and substance while you remain here, O poor soul; says Kabeer: you must understand this! ||4||3||54||	ਕਬੀਰ ਆਖਦਾ ਹੈ- ਹੇ ਚੰਦਰੀ ਵਾਸ਼ਨਾ! ਇਹ ਜੰਜਾਲ ਛੱਡ ਦੇ, ਤੇ ਹੁਣ ਤਾਂ ਇਸ ਜੀਵ ਦੀ ਖ਼ਲਾਸੀ ਕਰ ॥੪॥੩॥੫੪॥
15355	335	ਗਉੜੀ॥		Gourree ||	Gauree:	
15356	335	ਏਕ ਜੋਤਿ ਏਕਾ ਮਿਲੀ ਕਿੰਬਾ ਹੋਇ ਮਹੋਇ॥	(ਕਿੰਬਾ)ਅਥਵਾ। (ਮਹੋਇ) ਮਤ ਹੋਵੇ, ਨਹੀਂ ਹੁੰਦੀ	Eaek Joth Eaekaa Milee Kinbaa Hoe Mehoe ||	When one light merges into another, what becomes of it then?	(ਸਤਿਗੁਰੂ ਦੇ ਸ਼ਬਦ ਦੀ ਬਰਕਤ ਨਾਲ ਜਿਸ ਮਨੁੱਖ ਦੀ ਸੁਰਤ ਪਰਮਾਤਮਾ ਦੀ) ਜੋਤ ਨਾਲ ਮਿਲ ਕੇ ਇੱਕ-ਰੂਪ ਹੋ ਜਾਂਦੀ ਹੈ, ਉਸ ਦੇ ਅੰਦਰ ਹਉਮੈ ਬਿਲਕੁਲ ਨਹੀਂ ਰਹਿੰਦੀ।

15357	335	ਜਿਤੁ ਘਟਿ ਨਾਮੁ ਨ ਊਪਜੈ ਫੂਟਿ ਮਰੈ ਜਨੁ ਸੋਇ॥੧॥		Jith Ghatt Naam N Oopajai Foott Marai Jan Soe ||1||	That person, within whose heart the Lord's Name does not well up - may that person burst and die! ||1||	ਕੇਵਲ ਉਹੀ ਮਨੁੱਖ ਹਉਮੈ ਨਾਲ ਦੁਖੀ ਹੁੰਦਾ ਹੈ, ਜਿਸ ਦੇ ਅੰਦਰ ਪਰਮਾਤਮਾ ਦਾ ਨਾਮ ਨਹੀਂ ਪੈਦਾ ਹੁੰਦਾ ॥੧॥
15358	335	ਸਾਵਲ ਸੁੰਦਰ ਰਾਮਈਆ॥	ਰਾ-ਮਈਆ	Saaval Sundhar Raameeaa ||	O my dark and beautiful Lord,	ਹੇ ਮੇਰੇ ਸਾਂਵਲੇ ਸੁਹਣੇ ਰਾਮ!
15359	335	ਮੇਰਾ ਮਨੁ ਲਾਗਾ ਤੋਹਿ॥੧॥ਰਹਾਉ॥		Maeraa Man Laagaa Thohi ||1|| Rehaao ||	My mind is attached to You. ||1||Pause||	(ਗੁਰੂ ਦੀ ਕਿਰਪਾ ਨਾਲ) ਮੇਰਾ ਮਨ ਤਾਂ ਤੇਰੇ ਚਰਨਾਂ ਵਿਚ ਜੁੜਿਆ ਹੋਇਆ ਹੈ (ਮੈਨੂੰ ਹਉਮੈ ਕਿਉਂ ਦੁਖੀ ਕਰੇ?) ॥੧॥ ਰਹਾਉ ॥
15360	335	ਸਾਧੁ ਮਿਲੈ ਸਿਧਿ ਪਾਈਐ ਕਿ ਏਹੁ ਜੋਗੁ ਕਿ ਭੋਗੁ॥		Saadhh Milai Sidhh Paaeeai K Eaehu Jog K Bhog ||	Meeting with the Holy, the perfection of the Siddhas is obtained. What good is Yoga or indulgence in pleasures?	(ਹਉਮੈ ਦੇ ਅਭਾਵ ਅਤੇ ਅੰਦਰਲੀ ਸ਼ਾਂਤੀ-ਠੰਢ ਦੀ) ਇਹ ਸਿੱਧੀ ਸਤਿਗੁਰੂ ਨੂੰ ਮਿਲਿਆਂ ਲੱਭਦੀ ਹੈ। (ਫਿਰ ਇਸ ਸਿੱਧੀ ਦੇ ਸਾਹਮਣੇ ਜੋਗੀਆਂ ਦਾ) ਜੋਗ ਤੁੱਛ ਹੈ, (ਦੁਨੀਆ ਦੇ ਪਦਾਰਥਾਂ ਦਾ) ਭੋਗਣਾ ਭੀ ਕੋਈ ਚੀਜ਼ ਨਹੀਂ ਹੈ
15361	335	ਦੁਹੁ ਮਿਲਿ ਕਾਰਜੁ ਊਪਜੈ ਰਾਮ ਨਾਮ ਸੰਜੋਗੁ॥੨॥		Dhuhu Mil Kaaraj Oopajai Raam Naam Sanjog ||2||	When the two meet together, the business is conducted, and the link with the Lord's Name is established. ||2||	ਜਦੋਂ ਸਤਿਗੁਰੂ ਦਾ ਸ਼ਬਦ ਅਤੇ ਸਿੱਖ ਦੀ ਸੁਰਤ ਮਿਲਦੇ ਹਨ, ਤਾਂ ਪਰਮਾਤਮਾ ਦੇ ਨਾਮ ਦਾ ਮਿਲਾਪ-ਰੂਪ ਨਤੀਜਾ ਨਿਕਲਦਾ ਹੈ ॥੨॥

15362	335	ਲੋਗੁ ਜਾਨੈ ਇਹੁ ਗੀਤੁ ਹੈ ਇਹੁ ਤਉ ਬ੍ਰਹਮ ਬੀਚਾਰ॥		Log Jaanai Eihu Geeth Hai Eihu Tho Breham Beechaar ||	People believe that this is just a song, but it is a meditation on God.	ਜਗਤ ਸਮਝਦਾ ਹੈ ਕਿ ਸਤਿਗੁਰੂ ਦਾ ਸ਼ਬਦ (ਕੋਈ ਸਧਾਰਨ ਜਿਹਾ) ਗੀਤ ਹੀ ਹੈ, ਪਰ ਇਹ ਤਾਂ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਹੈ,
15363	335	ਜਿਉ ਕਾਸੀ ਉਪਦੇਸੁ ਹੋਇ ਮਾਨਸ ਮਰਤੀ ਬਾਰ॥੩॥		Jio Kaasee Oupadhaes Hoe Maanas Marathee Baar ||3||	It is like the instructions given to the dying man at Benares. ||3||	(ਜੋ ਹਉਮੈ ਤੋਂ ਜਿਉਂਦਿਆਂ ਹੀ ਮੁਕਤੀ ਦਿਵਾਉਂਦੀ ਹੈ) ਜਿਵੇਂ ਕਾਂਸ਼ੀ ਵਿਚ ਮਨੁੱਖ ਨੂੰ ਮਰਨ ਵੇਲੇ (ਸ਼ਿਵ ਜੀ ਦਾ ਮੁਕਤੀ ਦਾਤਾ) ਉਪਦੇਸ਼ ਮਿਲਦਾ ਖ਼ਿਆਲ ਕੀਤਾ ਜਾਂਦਾ ਹੈ (ਭਾਵ, ਕਾਂਸ਼ੀ ਵਾਲਾ ਉਪਦੇਸ਼ ਤਾਂ ਮਰਨ ਪਿਛੋਂ ਅਸਰ ਕਰਦਾ ਹੋਵੇਗਾ, ਪਰ ਸਤਿਗੁਰੂ ਦਾ ਸ਼ਬਦ ਐਥੇ ਹੀ ਜੀਵਨ-ਮੁਕਤ ਕਰ ਦੇਂਦਾ ਹੈ) ॥੩॥
15364	335	ਕੋਈ ਗਾਵੈ ਕੋ ਸੁਣੈ ਹਰਿ ਨਾਮਾ ਚਿਤੁ ਲਾਇ॥		Koee Gaavai Ko Sunai Har Naamaa Chith Laae ||	Whoever sings or listens to the Lord's Name with conscious awareness	ਜੋ ਭੀ ਮਨੁੱਖ ਪ੍ਰੇਮ ਨਾਲ ਪ੍ਰਭੂ ਦਾ ਨਾਮ ਗਾਉਂਦਾ ਹੈ ਜਾਂ ਸੁਣਦਾ ਹੈ,

15365	335	ਕਹੁ ਕਬੀਰ ਸੰਸਾ ਨਹੀ ਅੰਤਿ ਪਰਮਗਤਿ ਪਾਇ॥੪॥੧॥੪॥੫੫॥		Kahu Kabeer Sansaa Nehee Anth Param Gath Paae ||4||1||4||55||	- says Kabeer, without a doubt, in the end, he obtains the highest status. ||4||1||4||55||	ਕਬੀਰ ਆਖਦਾ ਹੈ- ਇਸ ਵਿਚ ਕੋਈ ਸ਼ੱਕ ਨਹੀਂ ਕਿ ਉਹ ਜ਼ਰੂਰ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ ॥੪॥੧॥੪॥੫੫॥
15366	335	ਗਉੜੀ॥		Gourree ||	Gauree:	
15367	335	ਜੇਤੇ ਜਤਨ ਕਰਤ ਤੇ ਡੂਬੇ ਭਵ ਸਾਗਰੁ ਨਹੀ ਤਾਰਿਓ ਰੇ॥		Jaethae Jathan Karath Thae Ddoobae Bhav Saagar Nehee Thaariou Rae ||	Those who try to do things by their own efforts are drowned in the terrifying world-ocean; they cannot cross over.	ਹੇ ਭਾਈ! ਜਿਹੜੇ ਜਿਹੜੇ ਭੀ ਮਨੁੱਖ ਅਜਿਹੇ ਜਤਨ ਕਰਦੇ ਹਨ, ਉਹ ਸਾਰੇ (ਸੰਸਾਰ-ਸਮੁੰਦਰ ਵਿਚ) ਡੁੱਬ ਜਾਂਦੇ ਹਨ, ਇਹ ਰਸਮਾਂ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘਾਉਂਦੀਆਂ (ਸੰਸਾਰ ਦੇ ਵਿਕਾਰਾਂ ਤੋਂ ਬਚਾ ਨਹੀਂ ਸਕਦੀਆਂ।)
15368	335	ਕਰਮ ਧਰਮ ਕਰਤੇ ਬਹੁ ਸੰਜਮ ਅਹੰਬੁਧਿ ਮਨੁ ਜਾਰਿਓ ਰੇ॥੧॥		Karam Dhharam Karathae Bahu Sanjam Ahanbudhh Man Jaariou Rae ||1||	Those who practice religious rituals and strict self-discipline - their egotistical pride shall consume their minds. ||1||	ਧਾਰਮਿਕ ਰਸਮਾਂ, ਵਰਨ ਆਸ਼੍ਰਮਾਂ ਦੀਆਂ ਆਪੋ ਆਪਣੀਆਂ ਰਸਮਾਂ ਕਰਨ ਦੇ ਫ਼ਰਜ਼ ਅਤੇ ਹੋਰ ਕਈ ਕਿਸਮ ਦੇ ਧਾਰਮਿਕ ਪ੍ਰਣ ਕਰਨ ਨਾਲ ਹਉਮੈ (ਮਨੁੱਖ ਦੇ) ਮਨ ਨੂੰ ਸਾੜ ਦੇਂਦੀ ਹੈ ॥੧॥

15369	335	ਸਾਸ ਗ੍ਰਾਸ ਕੋ ਦਾਤੋ ਠਾਕੁਰੁ ਸੋ ਕਿਉ ਮਨਹੁ ਬਿਸਾਰਿਓ ਰੇ॥		Saas Graas Ko Dhaatho Thaakur So Kio Manahu Bisaariou Rae ||	Your Lord and Master has given you the breath of life and food to sustain you; Oh, why have you forgotten Him?	ਹੇ ਭਾਈ! ਜਿੰਦ ਤੇ ਰੋਜ਼ੀ ਦੇ ਦੇਣ ਵਾਲਾ ਇਕ ਪਰਮਾਤਮਾ ਹੀ ਹੈ। ਤੂੰ ਉਸ ਨੂੰ ਆਪਣੇ ਮਨੋਂ ਕਿਉਂ ਭੁਲਾ ਦਿੱਤਾ ਹੈ?
15370	335	ਹੀਰਾ ਲਾਲੁ ਅਮੋਲੁ ਜਨਮੁ ਹੈ ਕਉਡੀ ਬਦਲੈ ਹਾਰਿਓ ਰੇ॥੧॥ਰਹਾਉ॥		Heeraa Laal Amol Janam Hai Kouddee Badhalai Haariou Rae ||1|| Rehaao ||	Human birth is a priceless jewel, which has been squandered in exchange for a worthless shell. ||1||Pause||	ਇਹ (ਮਨੁੱਖਾ-) ਜਨਮ (ਮਾਨੋ) ਹੀਰਾ ਹੈ, ਅਮੋਲਕ ਲਾਲ ਹੈ, ਪਰ ਤੂੰ ਤਾਂ ਇਸ ਨੂੰ ਕੌਡੀ ਦੀ ਖ਼ਾਤਰ ਗਵਾ ਦਿੱਤਾ ਹੈ ॥੧॥ ਰਹਾਉ ॥
15371	335	ਤ੍ਰਿਸਨਾ ਤ੍ਰਿਖਾ ਭੂਖ ਭ੍ਰਮਿ ਲਾਗੀ ਹਿਰਦੈ ਨਾਹਿ ਬੀਚਾਰਿਓ ਰੇ॥		Thrisanaa Thrikhaa Bhookh Bhram Laagee Hiradhai Naahi Beechaariou Rae ||	The thirst of desire and the hunger of doubt afflict you; you do not contemplate the Lord in your heart.	ਹੇ ਭਾਈ! ਤੂੰ ਕਦੇ ਆਪਣੇ ਦਿਲ ਵਿਚ ਵਿਚਾਰ ਨਹੀਂ ਕੀਤੀ ਕਿ ਭਟਕਣਾ ਦੇ ਕਾਰਨ ਤੈਨੂੰ ਤਾਂ ਮਾਇਆ ਦੀ ਭੁੱਖ-ਤ੍ਰੇਹ ਲੱਗੀ ਹੋਈ ਹੈ।
15372	335	ਉਨਮਤ ਮਾਨ ਹਿਰਿਓ ਮਨ ਮਾਹੀ ਗੁਰ ਕਾ ਸਬਦੁ ਨ ਧਾਰਿਓ ਰੇ॥੨॥	(ਉਨਮਤ) ਕਮਲ਼ਾ ਹੋ ਕੇ। (ਹਿਰਿਓ) ਲੁੱਟਿਆ	Ounamath Maan Hiriou Man Maahee Gur Kaa Sabadh N Dhhaariou Rae ||2||	Intoxicated with pride, you cheat yourself; you have not enshrined the Word of the Guru's Shabad within your mind. ||2||	(ਕਰਮਾਂ ਧਰਮਾਂ ਵਿਚ ਹੀ) ਤੂੰ ਮਸਤਿਆ ਤੇ ਹੰਕਾਰਿਆ ਰਹਿੰਦਾ ਹੈਂ। ਗੁਰੂ ਦਾ ਸ਼ਬਦ ਤੂੰ ਕਦੇ ਆਪਣੇ ਮਨ ਵਿਚ ਵਸਾਇਆ ਹੀ ਨਹੀਂ ॥੨॥

15373	335	ਸੁਆਦ ਲੁਭਤ ਇੰਦ੍ਰੀ ਰਸ ਪ੍ਰੇਰਿਓ ਮਦ ਰਸ ਲੈਤ ਬਿਕਾਰਿਓ ਰੇ॥	ਲੁਭਤ: ਪੋਲਾ ਬੋਲੋ	Suaadh Lubhath Eindhree Ras Praeriou Madh Ras Laith Bikaariou Rae ||	Those who are deluded by sensual pleasures, who are tempted by sexual delights and enjoy wine are corrupt.	(ਪ੍ਰਭੂ ਨੂੰ ਵਿਸਾਰਨ ਕਰਕੇ) ਤੂੰ (ਦੁਨੀਆ ਦੇ) ਸੁਆਦਾਂ ਦਾ ਲੋਭੀ ਬਣ ਰਿਹਾ ਹੈਂ। ਇੰਦ੍ਰੀ ਦੇ ਚਸਕੇ ਦਾ ਪ੍ਰੇਰਿਆ ਹੋਇਆ ਤੂੰ ਵਿਕਾਰਾਂ ਦੇ ਨਸ਼ੇ ਦੇ ਸੁਆਦ ਲੈਂਦਾ ਰਹਿੰਦਾ ਹੈਂ।
15374	335	ਕਰਮ ਭਾਗ ਸੰਤਨ ਸੰਗਾਨੇ ਕਾਸਟ ਲੋਹ ਉਧਾਰਿਓ ਰੇ॥੩॥	ਉ-ਧਾਰਿਓ	Karam Bhaag Santhan Sangaanae Kaasatt Loh Oudhhaariou Rae ||3||	But those who, through destiny and good karma, join the Society of the Saints, float over the ocean, like iron attached to wood. ||3||	ਜਿਨ੍ਹਾਂ ਦੇ ਮੱਥੇ ਉੱਤੇ ਚੰਗੇ ਭਾਗ (ਜਾਗਦੇ) ਹਨ, ਉਹਨਾਂ ਨੂੰ ਸਾਧ-ਸੰਗਤ ਵਿਚ (ਲਿਆ ਕੇ ਪ੍ਰਭੂ ਵਿਕਾਰਾਂ ਤੋਂ ਇਉਂ) ਬਚਾਉਂਦਾ ਹੈ ਜਿਵੇਂ ਲੱਕੜੀ ਲੋਹੇ ਨੂੰ (ਸਮੁੰਦਰ ਤੋਂ) ਪਾਰ ਲੰਘਾਉਂਦੀ ਹੈ ॥੩॥
15375	335	ਧਾਵਤ ਜੋਨਿ ਜਨਮ ਭ੍ਰਮਿ ਥਾਕੇ ਅਬ ਦੁਖ ਕਰਿ ਹਮ ਹਾਰਿਓ ਰੇ॥		Dhhaavath Jon Janam Bhram Thhaakae Ab Dhukh Kar Ham Haariou Rae ||	I have wandered in doubt and confusion, through birth and reincarnation; now, I am so tired. I am suffering in pain and wasting away.	ਜੂਨਾਂ ਵਿਚ, ਜਨਮਾਂ ਵਿਚ ਦੌੜ ਦੌੜ ਕੇ, ਭਟਕ ਭਟਕ ਕੇ ਮੈਂ ਤਾਂ ਥੱਕ ਗਿਆ ਹਾਂ। ਦੁੱਖ ਸਹਾਰ ਸਹਾਰ ਕੇ ਹੋਰ ਆਸਰੇ ਛੱਡ ਬੈਠਾ ਹਾਂ (ਅਤੇ ਗੁਰੂ ਦੀ ਸ਼ਰਨ ਲਈ ਹੈ।)

15376	335	ਕਹਿ ਕਬੀਰ ਗੁਰ ਮਿਲਤ ਮਹਾ ਰਸੁ ਪ੍ਰੇਮ ਭਗਤਿ ਨਿਸਤਾਰਿਓ ਰੇ॥੪॥੧॥੫॥੫੬॥		Kehi Kabeer Gur Milath Mehaa Ras Praem Bhagath Nisathaariou Rae ||4||1||5||56||	Says Kabeer, meeting with the Guru, I have obtained supreme joy; my love and devotion have saved me. ||4||1||5||56||	ਕਬੀਰ ਆਖਦਾ ਹੈ-ਸਤਿਗੁਰੂ ਨੂੰ ਮਿਲਦਿਆਂ ਹੀ (ਪ੍ਰਭੂ ਦਾ ਨਾਮ-ਰੂਪ) ਸਭ ਤੋਂ ਸ੍ਰੇਸ਼ਟ ਰਸ ਪੈਦਾ ਹੁੰਦਾ ਹੈ, ਅਤੇ ਪਿਆਰ ਨਾਲ ਕੀਤੀ ਹੋਈ ਪ੍ਰਭੂ ਦੀ ਭਗਤੀ (ਸੰਸਾਰ-ਸਮੁੰਦਰ ਦੀਆਂ ਵਿਕਾਰਾਂ ਦੀਆਂ ਲਹਿਰਾਂ ਤੋਂ) ਬਚਾ ਲੈਂਦੀ ਹੈ ॥੪॥੧॥੫॥੫੬॥
15377	335	ਗਉੜੀ॥	ਹਥਨੀ ਦਾ ਬਨਾਉਟੀ (ਕਾਲਬੂਤ) ਅਕਾਰ। ਜੱਗਦੀਸ	Gourree ||	Gauree:	
15378	335	ਕਾਲਬੂਤ ਕੀ ਹਸਤਨੀ ਮਨ ਬਉਰਾ ਰੇ ਚਲਤੁ ਰਚਿਓ ਜਗਦੀਸ॥		Kaalabooth Kee Hasathanee Man Bouraa Rae Chalath Rachiou Jagadhees ||	Like the straw figure of a female elephant, fashioned to trap the bull elephant, O crazy mind, the Lord of the Universe has staged the drama of this world.	ਹੇ ਕਮਲੇ ਮਨਾ! (ਇਹ ਜਗਤ) ਪਰਮਾਤਮਾ ਨੇ (ਜੀਵਾਂ ਨੂੰ ਰੁੱਝੇ ਰੱਖਣ ਲਈ) ਇਕ ਖੇਡ ਬਣਾਈ ਹੈ ਜਿਵੇਂ (ਲੋਕ ਹਾਥੀ ਨੂੰ ਫੜਨ ਲਈ) ਕਲਬੂਤ ਦੀ ਹਥਣੀ (ਬਣਾਉਂਦੇ ਹਨ);
15379	335	ਕਾਮ ਸੁਆਇ ਗਜ ਬਸਿ ਪਰੇ ਮਨ ਬਉਰਾ ਰੇ ਅੰਕਸੁ ਸਹਿਓ ਸੀਸ॥੧॥	ਗਜ:ਪੋਲਾ ਬੋਲੋ। (ਗਜ) ਹਾਥੀ। (ਅੰਕਸੁ) ਕੁੰਡਾ। ਬੱਸਿ	Kaam Suaae Gaj Bas Parae Man Bouraa Rae Ankas Sehiou Sees ||1||	Attracted by the lure of sexual desire, the elephant is captured, O crazy mind, and now the halter is placed around its neck. ||1||	(ਉਸ ਹਥਣੀ ਨੂੰ ਵੇਖ ਕੇ) ਕਾਮ ਦੀ ਵਾਸ਼ਨਾ ਦੇ ਕਾਰਨ ਹਾਥੀ ਫੜਿਆ ਜਾਂਦਾ ਹੈ ਤੇ ਆਪਣੇ ਸਿਰ ਉੱਤੇ (ਸਦਾ ਮਹਾਉਤ ਦਾ) ਅੰਕਸ ਸਹਾਰਦਾ ਹੈ, (ਤਿਵੇਂ) ਹੇ ਝੱਲੇ ਮਨ! (ਤੂੰ ਭੀ ਮਨ-ਮੋਹਨੀ ਮਾਇਆ ਵਿਚ ਫਸ ਕੇ ਦੁੱਖ ਸਹਾਰਦਾ ਹੈਂ) ॥੧॥

15380	336	ਬਿਖੈ ਬਾਚੁ ਹਰਿ ਰਾਚੁ ਸਮਝੁ ਮਨ ਬਉਰਾ ਰੇ॥		Bikhai Baach Har Raach Samajh Man Bouraa Rae ||	So escape from corruption and immerse yourself in the Lord; take this advice, O crazy mind.	ਹੇ ਮੂਰਖ ਮਨ! ਅਕਲ ਕਰ, ਵਿਸ਼ਿਆਂ ਤੋਂ ਬਚਿਆ ਰਹੁ ਤੇ ਪ੍ਰਭੂ ਵਿਚ ਜੁੜਿਆ ਕਰ।
15381	336	ਨਿਰਭੈ ਹੋਇ ਨ ਹਰਿ ਭਜੇ ਮਨ ਬਉਰਾ ਰੇ ਗਹਿਓ ਨ ਰਾਮ ਜਹਾਜੁ॥੧॥ਰਹਾਉ॥	ਭਜੇ: ਪੋਲਾ ਬੋਲੋ	Nirabhai Hoe N Har Bhajae Man Bouraa Rae Gehiou N Raam Jehaaj ||1|| Rehaao ||	You have not meditated fearlessly on the Lord, O crazy mind; you have not embarked upon the Lord's Boat. ||1||Pause||	ਤੂੰ ਸਹਿਮ ਛੱਡ ਕੇ ਕਿਉਂ ਪਰਮਾਤਮਾ ਨੂੰ ਨਹੀਂ ਸਿਮਰਦਾ ਤੇ ਕਿਉਂ ਪ੍ਰਭੂ ਦਾ ਆਸਰਾ ਨਹੀਂ ਲੈਂਦਾ? ॥੧॥ ਰਹਾਉ ॥
15382	336	ਮਰਕਟ ਮੁਸਟੀ ਅਨਾਜ ਕੀ ਮਨ ਬਉਰਾ ਰੇ ਲੀਨੀ ਹਾਥੁ ਪਸਾਰਿ॥	(ਮਰਕਟ) ਬਾਂਦਰ। (ਮੁਸਟੀ) ਮੁੱਠੀ	Marakatt Musattee Anaaj Kee Man Bouraa Rae Leenee Haathh Pasaar ||	The monkey stretches out its hand, O crazy mind, and takes a handful of corn;	ਹੇ ਕਮਲੇ ਮਨ! ਬਾਂਦਰ ਨੇ ਹੱਥ ਖਿਲਾਰ ਕੇ ਦਾਣਿਆਂ ਦੀ ਮੁੱਠ ਭਰ ਲਈ,
15383	336	ਛੂਟਨ ਕੋ ਸਹਸਾ ਪਰਿਆ ਮਨ ਬਉਰਾ ਰੇ ਨਾਚਿਓ ਘਰ ਘਰ ਬਾਰਿ॥੨॥		Shhoottan Ko Sehasaa Pariaa Man Bouraa Rae Naachiou Ghar Ghar Baar ||2||	Now unable to escape, O crazy mind, it is made to dance door to door. ||2||	ਤੇ ਉਸ ਨੂੰ ਸਹਿਮ ਪੈ ਗਿਆ ਕਿ ਕੈਦ ਵਿਚੋਂ ਕਿਵੇਂ ਨਿਕਲੇ। (ਉਸ ਲਾਲਚ ਦੇ ਕਾਰਨ ਹੁਣ) ਹਰੇਕ ਘਰ ਦੇ ਬੂਹੇ ਤੇ ਨੱਚਦਾ ਫਿਰਦਾ ਹੈ ॥੨॥

15384	336	ਜਿਉ ਨਲਨੀ ਸੂਅਟਾ ਗਹਿਓ ਮਨ ਬਉਰਾ ਰੇ ਮਾਯਾ ਇਹੁ ਬਿਉਹਾਰੁ॥	ਤੋਤੇ ਫੜਨ ਵਾਲੀ (ਨਲਨੀ) ਫਿਰਕੀ। (ਸੂਅਟਾ) ਤੋਤਾ। ਮਾ-ਯਾ	Jio Nalanee Sooattaa Gehiou Man Bouraa Rae Maayaa Eihu Biouhaar ||	Like the parrot caught in the trap, O crazy mind, you trapped by the affairs of Maya.	ਹੇ ਝੱਲੇ ਮਨਾਂ! ਜਗਤ ਦੀ ਮਾਇਆ ਦਾ ਇਉਂ ਹੀ ਵਰਤਾਰਾ ਹੈ (ਭਾਵ, ਮਾਇਆ ਜੀਵ ਨੂੰ ਇਉਂ ਹੀ ਮੋਹ ਵਿਚ ਫਸਾਉਂਦੀ ਹੈ) ਜਿਵੇਂ ਤੋਤਾ ਨਲਨੀ (ਤੇ ਬੈਠ ਕੇ) ਫਸ ਜਾਂਦਾ ਹੈ।
15385	336	ਜੈਸਾ ਰੰਗੁ ਕਸੁੰਭ ਕਾ ਮਨ ਬਉਰਾ ਰੇ ਤਿਉ ਪਸਰਿਓ ਪਾਸਾਰੁ॥੩॥		Jaisaa Rang Kasunbh Kaa Man Bouraa Rae Thio Pasariou Paasaar ||3||	Like the weak dye of the safflower, O crazy mind, so is the expanse of this world of form and substance. ||3||	ਹੇ ਕਮਲੇ ਮਨ! ਜਿਵੇਂ ਕਸੁੰਭੇ ਦਾ ਰੰਗ (ਥੋੜੇ ਹੀ ਦਿਨ ਰਹਿੰਦਾ) ਹੈ, ਇਸੇ ਤਰ੍ਹਾਂ ਜਗਤ ਦਾ ਖਿਲਾਰਾ (ਚਾਰ ਦਿਨ ਲਈ ਹੀ) ਖਿਲਰਿਆ ਹੋਇਆ ਹੈ ॥੩॥
15386	336	ਨਾਵਨ ਕਉ ਤੀਰਥ ਘਨੇ ਮਨ ਬਉਰਾ ਰੇ ਪੂਜਨ ਕਉ ਬਹੁ ਦੇਵ॥	(ਦੇਵ) ਦੇਵਤੇ। ਨ੍ਹਾਵਨ	Naavan Ko Theerathh Ghanae Man Bouraa Rae Poojan Ko Bahu Dhaev ||	There are so many holy shrines in which to bathe, O crazy mind, and so many gods to worship.	ਹੇ ਝੱਲੇ ਮਨਾਂ! (ਭਾਵੇਂ) ਇਸ਼ਨਾਨ ਕਰਨ ਲਈ ਬਥੇਰੇ ਤੀਰਥ ਹਨ, ਤੇ ਪੂਜਣ ਲਈ ਬਥੇਰੇ ਦੇਵਤੇ ਹਨ (ਭਾਵ, ਭਾਵੇਂ ਲੋਕ ਕਈ ਤੀਰਥਾਂ ਤੇ ਜਾ ਕੇ ਇਸ਼ਨਾਨ ਕਰਦੇ ਹਨ ਤੇ ਕਈ ਦੇਵਤਿਆਂ ਦੀ ਪੂਜਾ ਕਰਦੇ ਹਨ)

15387	336	ਕਹੁ ਕਬੀਰ ਛੂਟਨੁ ਨਹੀ ਮਨ ਬਉਰਾ ਰੇ ਛੂਟਨੁ ਹਰਿ ਕੀ ਸੇਵ॥੪॥੧॥੬॥੫੭॥		Kahu Kabeer Shhoottan Nehee Man Bouraa Rae Shhoottan Har Kee Saev ||4||1||6||57||	Says Kabeer, you shall not be saved like this, O crazy mind; only by serving the Lord will you find release. ||4||1||6||57||	ਕਬੀਰ ਆਖਦਾ ਹੈ- ਪਰ (ਇਸ ਸਹਿਮ ਤੋਂ ਤੇ ਮਾਇਆ ਦੇ ਮੋਹ ਤੋਂ) ਖ਼ਲਾਸੀ ਨਹੀਂ ਹੋ ਸਕਦੀ। ਖ਼ਲਾਸੀ ਸਿਰਫ਼ ਪ੍ਰਭੂ ਦਾ ਸਿਮਰਨ ਕੀਤਿਆਂ ਹੀ ਹੁੰਦੀ ਹੈ ॥੪॥੧॥੬॥੫੭॥
15388	336	ਗਉੜੀ॥		Gourree ||	Gauree:	
15389	336	ਅਗਨਿ ਨ ਦਹੈ ਪਵਨੁ ਨਹੀ ਮਗਨੈ ਤਸਕਰੁ ਨੇਰਿ ਨ ਆਵੈ॥	(ਮਗਨੈ) ਉਡਾਉਂਦੀ। (ਤਸਕਰੁ) ਚੋਰ	Agan N Dhehai Pavan Nehee Maganai Thasakar Naer N Aavai ||	Fire does not burn it, and the wind does not blow it away; thieves cannot get near it.	(ਹੇ ਭਾਈ!) ਇਸ ਧਨ ਨੂੰ ਨਾਹ ਅੱਗ ਸਾੜ ਸਕਦੀ ਹੈ, ਨਾਹ ਹਵਾ ਉਡਾ ਕੇ ਲੈ ਜਾ ਸਕਦੀ ਹੈ, ਅਤੇ ਨਾਹ ਹੀ ਕੋਈ ਚੋਰ ਇਸ ਦੇ ਨੇੜੇ ਢੁਕ ਸਕਦਾ ਹੈ।
15390	336	ਰਾਮ ਨਾਮ ਧਨੁ ਕਰਿ ਸੰਚਉਨੀ ਸੋ ਧਨੁ ਕਤ ਹੀ ਨ ਜਾਵੈ॥੧॥	(ਸੰਚਉਨੀ) ਇਕੱਤ੍ਰ	Raam Naam Dhhan Kar Sanchounee So Dhhan Kath Hee N Jaavai ||1||	Accumulate the wealth of the Lord's Name; that wealth does not go anywhere. ||1||	ਪਰਮਾਤਮਾ ਦਾ ਨਾਮ-ਰੂਪ ਧਨ ਇਕੱਠਾ ਕਰ, ਇਹ ਕਿਧਰੇ ਨਾਸ ਨਹੀਂ ਹੁੰਦਾ ॥੧॥
15391	336	ਹਮਰਾ ਧਨੁ ਮਾਧਉ ਗੋਬਿੰਦੁ ਧਰਣੀਧਰੁ ਇਹੈ ਸਾਰ ਧਨੁ ਕਹੀਐ॥	ਧਰਣੀ-ਧਰੁ	Hamaraa Dhhan Maadhho Gobindh Dhharaneedhhar Eihai Saar Dhhan Keheeai ||	My wealth is God, the Lord of Wealth, the Lord of the Universe, the Support of the earth: this is called the most excellent wealth.	ਸਾਡਾ ਧਨ ਤਾਂ ਮਾਧੋ ਗੋਬਿੰਦ ਹੀ ਹੈ ਜੋ ਸਾਰੀ ਧਰਤੀ ਦਾ ਆਸਰਾ ਹੈ। (ਸਾਡੇ ਮਤ ਵਿਚ ਤਾਂ) ਇਸੇ ਧਨ ਨੂੰ ਸਭ ਧਨਾਂ ਨਾਲੋਂ ਚੰਗਾ ਵਧੀਆ ਆਖੀਦਾ ਹੈ।

15392	336	ਜੋ ਸੁਖੁ ਪ੍ਰਭ ਗੋਬਿੰਦ ਕੀ ਸੇਵਾ ਸੋ ਸੁਖੁ ਰਾਜਿ ਨ ਲਹੀਐ॥੧॥ਰਹਾਉ॥		Jo Sukh Prabh Gobindh Kee Saevaa So Sukh Raaj N Leheeai ||1|| Rehaao ||	The peace which is obtained by serving God, the Lord of the Universe - that peace cannot be found in kingdoms or power. ||1||Pause||	ਜੋ ਸੁਖ ਪਰਮਾਤਮਾ ਗੋਬਿੰਦ ਦੇ ਭਜਨ ਵਿਚ ਮਿਲਦਾ ਹੈ, ਉਹ ਸੁਖ ਰਾਜ ਵਿਚ (ਭੀ) ਨਹੀਂ ਲੱਭਦਾ ॥੧॥ ਰਹਾਉ ॥
15393	336	ਇਸੁ ਧਨ ਕਾਰਣਿ ਸਿਵ ਸਨਕਾਦਿਕ ਖੋਜਤ ਭਏ ਉਦਾਸੀ॥		Eis Dhhan Kaaran Siv Sanakaadhik Khojath Bheae Oudhaasee ||	Shiva and Sanak, in their search for this wealth, became Udaasees, and renounced the world.	ਇਸ (ਨਾਮ) ਧਨ ਦੀ ਖ਼ਾਤਰ ਸ਼ਿਵ ਤੇ ਸਨਕ ਆਦਿਕ (ਬ੍ਰਹਮਾ ਦੇ ਚਾਰੇ ਪੁੱਤਰ) ਭਾਲ ਕਰਦੇ ਕਰਦੇ ਜਗਤ ਤੋਂ ਵਿਰਕਤ ਹੋਏ।
15394	336	ਮਨਿ ਮੁਕੰਦੁ ਜਿਹਬਾ ਨਾਰਾਇਨੁ ਪਰੈ ਨ ਜਮ ਕੀ ਫਾਸੀ ॥੨॥	(ਮੁਕੰਦੁ) ਮੁਕਤੀਦਾਤੇ ਵਾਹਿਗੁਰੂ ਜੀ	Man Mukandh Jihabaa Naaraaein Parai N Jam Kee Faasee ||2||	One whose mind is filled with the Lord of liberation, and whose tongue chants the Name of the Lord, shall not be caught by the noose of Death. ||2||	ਜਿਸ ਮਨੁੱਖ ਦੇ ਮਨ ਵਿਚ ਮੁਕਤੀ ਦਾਤਾ ਪ੍ਰਭੂ ਵੱਸਦਾ ਹੈ, ਜਿਸ ਦੀ ਜੀਭ ਤੇ ਅਕਾਲ ਪੁਰਖ ਟਿਕਿਆ ਹੈ, ਉਸ ਨੂੰ ਜਮ ਦੀ (ਮੋਹ-ਰੂਪ) ਫਾਹੀ ਨਹੀਂ ਪੈ ਸਕਦੀ ॥੨॥
15395	336	ਨਿਜ ਧਨੁ ਗਿਆਨੁ ਭਗਤਿ ਗੁਰਿ ਦੀਨੀ ਤਾਸੁ ਸੁਮਤਿ ਮਨੁ ਲਾਗਾ॥	ਸੁ-ਮੱਤਿ	Nij Dhhan Giaan Bhagath Gur Dheenee Thaas Sumath Man Laagaa ||	My own wealth is the spiritual wisdom and devotion given by the Guru; my mind is held steady in perfect neutral balance.	ਪ੍ਰਭੂ ਦੀ ਭਗਤੀ, ਪ੍ਰਭੂ ਦਾ ਗਿਆਨ ਹੀ, (ਜੀਵ ਦਾ) ਨਿਰੋਲ ਆਪਣਾ ਧਨ (ਹੋ ਸਕਦਾ) ਹੈ। ਜਿਸ ਸੁਚੱਜੀ ਮਤ ਵਾਲੇ ਨੂੰ ਗੁਰੂ ਨੇ (ਇਹ ਦਾਤ) ਦਿਤੀ ਹੈ, ਉਸ ਦਾ ਮਨ ਉਸ ਪ੍ਰਭੂ ਵਿਚ ਟਿਕਦਾ ਹੈ।

15396	336	ਜਲਤ ਅੰਭ ਥੰਭਿ ਮਨੁ ਧਾਵਤ ਭਰਮ ਬੰਧਨ ਭਉ ਭਾਗਾ॥੩॥	(ਅੰਭ) ਪਾਣੀ। (ਥੰਭਿ) ਥੰਮ	Jalath Anbh Thhanbh Man Dhhaavath Bharam Bandhhan Bho Bhaagaa ||3||	It is like water for the burning soul, like an anchoring support for the wandering mind; the bondage of doubt and fear is dispelled. ||3||	(ਮਾਇਆ ਦੀ ਤ੍ਰਿਸ਼ਨਾ ਦੀ ਅੱਗ ਵਿਚ) ਸੜਦੇ ਲਈ (ਇਹ ਨਾਮ-ਧਨ) ਪਾਣੀ ਹੈ, ਤੇ ਭਟਕਦੇ ਮਨ ਨੂੰ ਇਹ ਥੰਮ੍ਹੀ ਹੈ, (ਨਾਮ ਦੀ ਬਰਕਤ ਨਾਲ) ਭਰਮਾਂ ਦੇ ਬੰਧਨਾਂ ਦਾ ਡਰ ਦੂਰ ਹੋ ਜਾਂਦਾ ਹੈ ॥੩॥
15397	336	ਕਹੈ ਕਬੀਰੁ ਮਦਨ ਕੇ ਮਾਤੇ ਹਿਰਦੈ ਦੇਖੁ ਬੀਚਾਰੀ॥	(ਮਦਨ) ਕਾਮ। (ਮਾੱਤੇ) ਮਸਤ	Kehai Kabeer Madhan Kae Maathae Hiradhai Dhaekh Beechaaree ||	Says Kabeer: O you who are intoxicated with sexual desire, reflect upon this in your heart, and see.	ਕਬੀਰ ਆਖਦਾ ਹੈ-ਹੇ ਕਾਮ-ਵਾਸ਼ਨਾ ਵਿਚ ਮੱਤੇ ਹੋਏ (ਰਾਜਨ!) ਮਨ ਵਿਚ ਸੋਚ ਕੇ ਵੇਖ,
15398	336	ਤੁਮ ਘਰਿ ਲਾਖ ਕੋਟਿ ਅਸ੍ਵ ਹਸਤੀ ਹਮ ਘਰਿ ਏਕੁ ਮੁਰਾਰੀ॥੪॥੧॥੭॥ ੫੮॥	ਅਸਵ	Thum Ghar Laakh Kott Asv Hasathee Ham Ghar Eaek Muraaree ||4||1||7||58||	Within your home there are hundreds of thousands, millions of horses and elephants; but within my home is the One Lord. ||4||1||7||58||	ਜੇ ਤੇਰੇ ਘਰ ਵਿਚ ਲੱਖਾਂ ਕ੍ਰੋੜਾਂ ਘੋੜੇ ਤੇ ਹਾਥੀ ਹਨ ਤਾਂ ਸਾਡੇ (ਹਿਰਦੇ-) ਘਰ ਵਿਚ (ਇਹ ਸਾਰੇ ਪਦਾਰਥ ਦੇਣ ਵਾਲਾ) ਇਕ ਪਰਮਾਤਮਾ (ਵੱਸਦਾ) ਹੈ ॥੪॥੧॥੭॥੫੮॥
15399	336	ਗਉੜੀ॥		Gourree ||	Gauree:	
15400	336	ਜਿਉ ਕਪਿ ਕੇ ਕਰ ਮੁਸਟਿ ਚਨਨ ਕੀ ਲੁਬਧਿ ਨ ਤਿਆਗੁ ਦਇਓ॥	ਕਪਿ:ਪੋਲਾ ਬੋਲੋ। (ਕਪਿ) ਬਾਂਦਰ। (ਕਰ) ਹੱਥ। (ਮੁਸਟਿ) ਮੁੱਠ। (ਚਨਨ) ਛੋਲੇ। (ਲੁਬਧਿ) ਲੋਭੀ ਨੇ	Jio Kap Kae Kar Musatt Chanan Kee Lubadhh N Thiaag Dhaeiou ||	Like the monkey with a handful of grain, who will not let go because of greed	ਜਿਵੇਂ (ਕਿਸੇ) ਬਾਂਦਰ ਦੇ ਹੱਥ (ਭੁੱਜੇ) ਛੋਲਿਆਂ ਦੀ ਮੁੱਠ ਆਈ, ਪਰ ਲੋਭੀ ਬਾਂਦਰ ਨੇ (ਕੁੱਜੀ ਵਿਚ ਹੱਥ ਫਸਿਆ ਵੇਖ ਕੇ ਭੀ ਛੋਲਿਆਂ ਦੀ ਮੁੱਠ) ਨਾਹ ਛੱਡੀ, (ਤੇ ਕਾਬੂ ਆ ਗਿਆ)

15401	336	ਜੋ ਜੋ ਕਰਮ ਕੀਏ ਲਾਲਚ ਸਿਉ ਤੇ ਫਿਰਿ ਗਰਹਿ ਪਰਿਓ॥੧॥	(ਗਰ-ਹਿ) ਗਲ਼ੇ	Jo Jo Karam Keeeae Laalach Sio Thae Fir Garehi Pariou ||1||	- just so, all the deeds committed in greed ultimately become a noose around one's neck. ||1||	(ਇਸੇ ਤਰ੍ਹਾਂ) ਲੋਭ ਦੇ ਵੱਸ ਹੋ ਕੇ ਜੋ ਜੋ ਕੰਮ ਜੀਵ ਕਰਦਾ ਹੈ, ਉਹ ਸਾਰੇ ਮੁੜ (ਮੋਹ ਦੇ ਬੰਧਨ-ਰੂਪ ਜ਼ੰਜੀਰ ਬਣ ਕੇ ਇਸ ਦੇ) ਗਲ ਵਿਚ ਪੈਂਦੇ ਹਨ ॥੧॥
15402	336	ਭਗਤਿ ਬਿਨੁ ਬਿਰਥੇ ਜਨਮੁ ਗਇਓ॥		Bhagath Bin Birathhae Janam Gaeiou ||	Without devotional worship, human life passes away in vain.	ਪਰਮਾਤਮਾ ਦੀ ਭਗਤੀ ਤੋਂ ਬਿਨਾ ਮਨੁੱਖਾ ਜਨਮ ਵਿਅਰਥ ਹੀ ਜਾਂਦਾ ਹੈ (ਕਿਉਂਕਿ ਹਿਰਦੇ ਵਿਚ ਪ੍ਰਭੂ ਆ ਕੇ ਨਹੀਂ ਵੱਸਦਾ)।
15403	336	ਸਾਧਸੰਗਤਿ ਭਗਵਾਨ ਭਜਨ ਬਿਨੁ ਕਹੀ ਨ ਸਚੁ ਰਹਿਓ॥੧॥ਰਹਾਉ॥	(ਕਹੀ) ਕਿਤੇ ਭੀ	Saadhhasangath Bhagavaan Bhajan Bin Kehee N Sach Rehiou ||1|| Rehaao ||	Without the Saadh Sangat, the Company of the Holy, without vibrating and meditating on the Lord God, one does not abide in Truth. ||1||Pause||	ਤੇ, ਸਾਧ ਸੰਗਤਿ ਵਿਚ (ਆ ਕੇ) ਭਗਵਾਨ ਦਾ ਸਿਮਰਨ ਕਰਨ ਤੋਂ ਬਿਨਾ ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ ਕਿਸੇ ਭੀ ਹਿਰਦੇ ਵਿਚ ਟਿਕ ਹੀ ਨਹੀਂ ਸਕਦਾ ॥੧॥ ਰਹਾਉ ॥
15404	336	ਜਿਉ ਉਦਿਆਨ ਕੁਸਮ ਪਰਫੁਲਿਤ ਕਿਨਹਿ ਨ ਘ੍ਰਾਉ ਲਇਓ॥	(ਉਦਿਆਨ) ਜੰਗਲ। (ਘ੍ਰਾਉ) ਸੁਗੰਧੀ। ਪਰ-ਫੁੱਲਿਤ। ਕਿਨ-ਹਿ। ਲਇ-ਓ	Jio Oudhiaan Kusam Parafulith Kinehi N Ghraao Laeiou ||	Like the flower which blossoms in the wilderness with no one to enjoy its fragrance,	ਜਿਵੇਂ ਜੰਗਲ ਵਿਚ ਖਿੜੇ ਹੋਏ ਫੁੱਲਾਂ ਦੀ ਸੁਗੰਧੀ ਕੋਈ ਭੀ ਨਹੀਂ ਲੈ ਸਕਦਾ (ਉਹ ਫੁੱਲ ਉਜਾੜ ਵਿਚ ਕਿਸੇ ਪ੍ਰਾਣੀ ਨੂੰ ਸੁਗੰਧੀ ਨਾਹ ਦੇਣ ਦੇ ਕਾਰਨ ਆਪਣਾ ਖੇੜਾ ਵਿਅਰਥ ਹੀ ਖੇੜ ਜਾਂਦੇ ਹਨ),

15405	336	ਤੈਸੇ ਭ੍ਰਮਤ ਅਨੇਕ ਜੋਨਿ ਮਹਿ ਫਿਰਿ ਫਿਰਿ ਕਾਲ ਹਇਓ॥੨॥	(ਹਇ-ਓ) ਨਾਸ ਕਰਦਾ	Thaisae Bhramath Anaek Jon Mehi Fir Fir Kaal Haeiou ||2||	So do people wander in reincarnation; over and over again, they are destroyed by Death. ||2||	ਤਿਵੇਂ, (ਪ੍ਰਭੂ ਦੀ ਬੰਦਗੀ ਤੋਂ ਬਿਨਾ) ਜੀਵ ਅਨੇਕਾਂ ਜੂਨਾਂ ਵਿਚ ਭਟਕਦੇ ਰਹਿੰਦੇ ਹਨ, ਤੇ ਮੁੜ ਮੁੜ ਕਾਲ-ਵੱਸ ਪੈਂਦੇ ਰਹਿੰਦੇ ਹਨ ॥੨॥
15406	336	ਇਆ ਧਨ ਜੋਬਨ ਅਰੁ ਸੁਤ ਦਾਰਾ ਪੇਖਨ ਕਉ ਜੁ ਦਇਓ॥	ਦਇਓ	Eiaa Dhhan Joban Ar Suth Dhaaraa Paekhan Ko J Dhaeiou ||	This wealth, youth, children and spouse which the Lord has given you - this is all just a passing show.	ਧਨ, ਜੁਆਨੀ, ਪੁੱਤਰ ਤੇ ਇਸਤ੍ਰੀ ਇਹ ਸਾਰੇ ਉਸ ਪ੍ਰਭੂ ਨੇ (ਜੀਵ ਨੂੰ ਕਿਸੇ ਤਮਾਸ਼ੇ ਵਿਚ ਨਿਰਲੇਪ ਜਿਹਾ ਰਹਿਣ ਵਾਂਗ) ਵੇਖਣ ਲਈ ਦਿੱਤੇ ਹਨ (ਕਿ ਇਸ ਜਗਤ-ਤਮਾਸ਼ੇ ਵਿਚ ਇਹ ਨਿਰਲੇਪ ਹੀ ਰਹੇ),
15407	336	ਤਿਨ ਹੀ ਮਾਹਿ ਅਟਕਿ ਜੋ ਉਰਝੇ ਇੰਦ੍ਰੀ ਪ੍ਰੇਰਿ ਲਇਓ॥੩॥		Thin Hee Maahi Attak Jo Ourajhae Eindhree Praer Laeiou ||3||	Those who are caught and entangled in these are carried away by sensual desire. ||3||	ਪਰ ਜੀਵ ਇਹਨਾਂ ਵਿਚ ਹੀ ਰੁਕ ਕੇ ਫਸ ਜਾਂਦੇ ਹਨ; ਇੰਦ੍ਰੇ ਜੀਵ ਨੂੰ ਖਿੱਚ ਲੈਂਦੇ ਹਨ ॥੩॥
15408	336	ਅਉਧ ਅਨਲ ਤਨੁ ਤਿਨ ਕੋ ਮੰਦਰੁ ਚਹੁ ਦਿਸ ਠਾਟੁ ਠਇਓ॥	(ਅਉਧ)ਉਮਰ। (ਅਨਲ) ਅਗਨੀ। (ਤਨੁ) ਸ਼੍ਰੀਰ। (ਤਿਨ) ਕੱਖਾਂ। (ਠਾਟੁ) ਬਨਾਉਟ। (ਠਇ-ਓ) ਬਣ ਰਹੀ ਹੈ	Aoudhh Anal Than Thin Ko Mandhar Chahu Dhis Thaatt Thaeiou ||	Age is the fire, and the body is the house of straw; on all four sides, this play is being played out.	ਕਬੀਰ ਆਖਦਾ ਹੈ-ਇਹ ਸਰੀਰ (ਮਾਨੋ) ਕੱਖਾਂ ਦਾ ਕੋਠਾ ਹੈ, ਉਮਰ (ਦੇ ਦਿਨ ਬੀਤਦੇ ਜਾਣੇ ਇਸ ਕੋਠੇ ਨੂੰ) ਅੱਗ ਲੱਗੀ ਹੋਈ ਹੈ, ਹਰ ਪਾਸੇ ਇਹੀ ਬਣਤਰ ਬਣੀ ਹੋਈ ਹੈ, (ਪਰ ਕੋਈ ਭੀ ਇਸ ਪਾਸੇ ਧਿਆਨ ਨਹੀਂ ਦੇਂਦਾ; ਕਿਆ ਅਚਰਜ ਭਿਆਨਕ ਦ੍ਰਿਸ਼ ਹੈ!)

15409	336	ਕਹਿ ਕਬੀਰ ਭੈ ਸਾਗਰ ਤਰਨ ਕਉ ਮੈ ਸਤਿਗੁਰ ਓਟ ਲਇਓ॥੪॥੧॥੮॥ ੫੯॥		Kehi Kabeer Bhai Saagar Tharan Ko Mai Sathigur Outt Laeiou ||4||1||8||59||	Says Kabeer, to cross over the terriffying world-ocean, I have taken to the Shelter of the True Guru. ||4||1||8||59||	ਇਸ ਭਿਆਨਕ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਮੈਂ ਤਾਂ ਸਤਿਗੁਰੂ ਦਾ ਆਸਰਾ ਲਿਆ ਹੈ ॥੪॥੧॥੮॥੫੯॥
15410	336	ਗਉੜੀ॥		Gourree ||	Gauree:	
15411	336	ਪਾਨੀ ਮੈਲਾ ਮਾਟੀ ਗੋਰੀ॥		Paanee Mailaa Maattee Goree ||	The water of the sperm is cloudy, and the egg of the ovary is crimson.	(ਹੇ ਅਹੰਕਾਰੀ ਜੀਵ! ਕਿਸ ਗੱਲ ਦਾ ਮਾਣ ਕਰਦਾ ਹੈਂ?) ਪਿਉ ਦੀ ਗੰਦੀ ਬੂੰਦ ਅਤੇ ਮਾਂ ਦੀ ਰਕਤ-
15412	336	ਇਸ ਮਾਟੀ ਕੀ ਪੁਤਰੀ ਜੋਰੀ॥੧॥	ਪੁਤਰੀ:ਪੋਲਾ ਬੋਲੋ। (ਪੁਤਰੀ) ਪੁਤਲੀ	Eis Maattee Kee Putharee Joree ||1||	From this clay, the puppet is fashioned. ||1||	(ਇਹਨਾਂ ਦੋਹਾਂ ਤੋਂ ਤਾਂ ਪਰਮਾਤਮਾ ਨੇ) ਜੀਵ ਦਾ ਇਹ ਮਿੱਟੀ ਦਾ ਬੁੱਤ ਬਣਾਇਆ ਹੈ ॥੧॥
15413	336	ਮੈ ਨਾਹੀ ਕਛੁ ਆਹਿ ਨ ਮੋਰਾ॥	(ਆਹਿ ਨ) ਨਹੀਂ ਹੈ	Mai Naahee Kashh Aahi N Moraa ||	I am nothing, and nothing is mine.	ਹੇ ਪ੍ਰਭੂ! (ਤੈਥੋਂ ਵੱਖਰੀ) ਮੇਰੀ ਕੋਈ ਹਸਤੀ ਨਹੀਂ ਹੈ ਅਤੇ ਕੋਈ ਮੇਰੀ ਮਲਕੀਅਤ ਨਹੀਂ ਹੈ।
15414	336	ਤਨੁ ਧਨੁ ਸਭੁ ਰਸੁ ਗੋਬਿੰਦ ਤੋਰਾ॥੧॥ਰਹਾਉ॥		Than Dhhan Sabh Ras Gobindh Thoraa ||1|| Rehaao ||	This body, wealth, and all delicacies are Yours, O Lord of the Universe. ||1||Pause||	ਹੇ ਮੇਰੇ ਗੋਬਿੰਦ! ਇਹ ਸਰੀਰ, ਧਨ ਅਤੇ ਇਹ ਜਿੰਦ ਸਭ ਤੇਰੇ ਹੀ ਦਿੱਤੇ ਹੋਏ ਹਨ ॥੧॥ ਰਹਾਉ ॥

15415	336	ਇਸ ਮਾਟੀ ਮਹਿ ਪਵਨੁ ਸਮਾਇਆ॥		Eis Maattee Mehi Pavan Samaaeiaa ||	Into this clay, the breath is infused.	ਇਸ ਮਿੱਟੀ (ਦੇ ਪੁਤਲੇ) ਵਿਚ (ਇਸ ਨੂੰ ਖੜਾ ਰੱਖਣ ਲਈ) ਪ੍ਰਾਣ ਟਿਕੇ ਹੋਏ ਹਨ,
15416	337	ਝੂਠਾ ਪਰਪੰਚੁ ਜੋਰਿ ਚਲਾਇਆ॥੨॥	(ਪਰਪੰਚੁ) ਪਸਾਰਾ	Jhoothaa Parapanch Jor Chalaaeiaa ||2||	By Your Power, You have set this false contrivance in motion. ||2||	(ਪਰ ਇਸ ਕਮਜ਼ੋਰ ਜਿਹੀ ਥੰਮ੍ਹੀ ਨੂੰ ਨਾਹ ਸਮਝਦਾ ਹੋਇਆ) ਜੀਵ ਝੂਠਾ ਖਿਲਾਰਾ ਖਿਲਾਰ ਬੈਠਦਾ ਹੈ ॥੨॥
15417	337	ਕਿਨਹੂ ਲਾਖ ਪਾਂਚ ਕੀ ਜੋਰੀ॥		Kinehoo Laakh Paanch Kee Joree ||	Some collect hundreds of thousands of dollars,	ਜਿਨ੍ਹਾਂ ਜੀਵਾਂ ਨੇ ਪੰਜ ਪੰਜ ਲੱਖ ਦੀ ਜਾਇਦਾਦ ਜੋੜ ਲਈ ਹੈ,
15418	337	ਅੰਤ ਕੀ ਬਾਰ ਗਗਰੀਆ ਫੋਰੀ॥੩॥	ਗਗ-ਰੀਆ: ਪੋਲਾ ਬੋਲੋ	Anth Kee Baar Gagareeaa Foree ||3||	But in the end, the pitcher of the body bursts. ||3||	ਮੌਤ ਆਇਆਂ ਉਹਨਾਂ ਦਾ ਭੀ ਸਰੀਰ-ਰੂਪ ਭਾਂਡਾ ਭੱਜ ਜਾਂਦਾ ਹੈ ॥੩॥
15419	337	ਕਹਿ ਕਬੀਰ ਇਕ ਨੀਵ ਉਸਾਰੀ॥		Kehi Kabeer Eik Neev Ousaaree ||	Says Kabeer, that single foundation which you have laid	ਕਬੀਰ ਆਖਦਾ ਹੈ-ਹੇ ਅਹੰਕਾਰੀ ਜੀਵ! ਤੇਰੀ ਤਾਂ ਜੋ ਨੀਂਹ ਹੀ ਖੜੀ ਕੀਤੀ ਗਈ ਹੈ,
15420	337	ਖਿਨ ਮਹਿ ਬਿਨਸਿ ਜਾਇ ਅਹੰਕਾਰੀ॥੪॥੧॥੯॥੬੦॥		Khin Mehi Binas Jaae Ahankaaree ||4||1||9||60||	Will be destroyed in an instant - you are so egotistical. ||4||1||9||60||	ਉਹ ਇਕ ਪਲਕ ਵਿਚ ਨਾਸ ਹੋ ਜਾਣ ਵਾਲੀ ਹੈ ॥੪॥੧॥੯॥੬੦॥
15421	337	ਗਉੜੀ॥		Gourree ||	Gauree:	

15422	337	ਰਾਮ ਜਪਉ ਜੀਅ ਐਸੇ ਐਸੇ॥		Raam Japo Jeea Aisae Aisae ||	Just as Dhroo and Prahlaad meditated on the Lord,	ਹੇ ਜਿੰਦੇ! (ਇਉਂ ਅਰਦਾਸ ਕਰ, ਕਿ) ਹੇ ਪ੍ਰਭੂ! ਮੈਂ ਤੈਨੂੰ ਉਸ ਪ੍ਰੇਮ ਤੇ ਸ਼ਰਧਾ ਨਾਲ ਸਿਮਰਾਂ,
15423	337	ਧ੍ਰੂ ਪ੍ਰਹਿਲਾਦ ਜਪਿਓ ਹਰਿ ਜੈਸੇ॥੧॥		Dhhroo Prehilaadh Japiou Har Jaisae ||1||	So should you meditate on the Lord, O my soul. ||1||	ਜਿਸ ਪ੍ਰੇਮ ਤੇ ਸ਼ਰਧਾ ਨਾਲ ਧ੍ਰੂ ਤੇ ਪ੍ਰਹਿਲਾਦ ਭਗਤ ਨੇ, ਹੇ ਹਰੀ! ਤੈਨੂੰ ਸਿਮਰਿਆ ਸੀ ॥੧॥
15424	337	ਦੀਨ ਦਇਆਲ ਭਰੋਸੇ ਤੇਰੇ॥	ਦ-ਇਆਲ	Dheen Dhaeiaal Bharosae Thaerae ||	O Lord, Merciful to the meek, I have placed my faith in You;	ਹੇ ਦੀਨਾਂ ਉੱਤੇ ਦਇਆ ਕਰਨ ਵਾਲੇ ਪ੍ਰਭੂ! ਤੇਰੀ ਮਿਹਰ ਦੀ ਆਸ ਤੇ-
15425	337	ਸਭੁ ਪਰਵਾਰੁ ਚੜਾਇਆ ਬੇੜੇ॥੧॥ਰਹਾਉ॥	ਚੜ੍ਹਾਇਆ	Sabh Paravaar Charraaeiaa Baerrae ||1|| Rehaao ||	Along with all my family, I have come aboard Your boat. ||1||Pause||	ਮੈਂ ਆਪਣਾ ਸਾਰਾ ਪਰਵਾਰ ਤੇਰੇ (ਨਾਮ ਦੇ) ਜਹਾਜ਼ ਤੇ ਚੜ੍ਹਾ ਦਿੱਤਾ ਹੈ (ਮੈਂ ਜੀਭ, ਅੱਖ, ਕੰਨ ਆਦਿਕ ਸਭ ਗਿਆਨ-ਇੰਦ੍ਰਿਆਂ ਨੂੰ ਤੇਰੀ ਸਿਫ਼ਤਿ-ਸਾਲਾਹ ਵਿਚ ਜੋੜ ਦਿੱਤਾ ਹੈ) ॥੧॥ ਰਹਾਉ ॥
15426	337	ਜਾ ਤਿਸੁ ਭਾਵੈ ਤਾ ਹੁਕਮੁ ਮਨਾਵੈ॥		Jaa This Bhaavai Thaa Hukam Manaavai ||	When it is pleasing to Him, then He inspires us to obey the Hukam of His Command.	ਜਦੋਂ ਪ੍ਰਭੂ ਨੂੰ ਭਾਉਂਦਾ ਹੈ ਤਾਂ ਉਹ (ਇਸ ਸਾਰੇ ਪਰਵਾਰ ਤੋਂ ਆਪਣਾ) ਹੁਕਮ ਮਨਾਉਂਦਾ ਹੈ (ਭਾਵ, ਇਹਨਾਂ ਇੰਦ੍ਰਿਆਂ ਪਾਸੋਂ ਉਹੀ ਕੰਮ ਕਰਾਉਂਦਾ ਹੈ ਜਿਸ ਕੰਮ ਲਈ ਉਸ ਨੇ ਇਹ ਇੰਦ੍ਰੇ ਬਣਾਏ ਹਨ)

15427	337	ਇਸ ਬੇੜੇ ਕਉ ਪਾਰਿ ਲਘਾਵੈ॥੨॥		Eis Baerrae Ko Paar Laghaavai ||2||	He causes this boat to cross over. ||2||	ਤੇ ਇਸ ਤਰ੍ਹਾਂ ਇਸ ਸਾਰੇ ਪੂਰ ਨੂੰ (ਇਹਨਾਂ ਸਭ ਇੰਦ੍ਰਿਆਂ ਨੂੰ) ਵਿਕਾਰਾਂ ਦੀਆਂ ਲਹਿਰਾਂ ਤੋਂ ਬਚਾ ਲੈਂਦਾ ਹੈ ॥੨॥
15428	337	ਗੁਰ ਪਰਸਾਦਿ ਐਸੀ ਬੁਧਿ ਸਮਾਨੀ॥		Gur Parasaadh Aisee Budhh Samaanee ||	By Guru's Grace, such understanding is infused into me;	ਸਤਿਗੁਰੂ ਦੀ ਕਿਰਪਾ ਨਾਲ (ਜਿਸ ਮਨੁੱਖ ਦੇ ਅੰਦਰ) ਅਜਿਹੀ ਅਕਲ ਪਰਗਟ ਹੋ ਪੈਂਦੀ ਹੈ (ਭਾਵ, ਜੋ ਮਨੁੱਖ ਸਾਰੇ ਇੰਦ੍ਰਿਆਂ ਨੂੰ ਪ੍ਰਭੂ ਦੇ ਰੰਗ ਵਿਚ ਰੰਗਦਾ ਹੈ),
15429	337	ਚੂਕਿ ਗਈ ਫਿਰਿ ਆਵਨ ਜਾਨੀ॥੩॥		Chook Gee Fir Aavan Jaanee ||3||	My comings and goings in reincarnation have ended. ||3||	ਉਸ ਦਾ ਮੁੜ ਮੁੜ ਜੰਮਣਾ ਮਰਨਾ ਮੁੱਕ ਜਾਂਦਾ ਹੈ ॥੩॥
15430	337	ਕਹੁ ਕਬੀਰ ਭਜੁ ਸਾਰਿਗਪਾਨੀ॥	ਭਜ: ਪੋਲਾ ਬੋਲੋ, ਸਾਰਿਗ-ਪਾਨੀ	Kahu Kabeer Bhaj Saarigapaanee ||	Says Kabeer, meditate, vibrate upon the Lord, the Sustainer of the earth.	ਕਬੀਰ ਆਖਦਾ ਹੈ- (ਆਪਣੇ ਆਪ ਨੂੰ ਸਮਝਾ ਕਿ ਹੇ ਮਨ!)- ਸਾਰਿੰਗਪਾਨੀ ਪ੍ਰਭੂ ਨੂੰ ਸਿਮਰ!
15431	337	ਉਰਵਾਰਿ ਪਾਰਿ ਸਭ ਏਕੋ ਦਾਨੀ॥੪॥੨॥੧੦॥੬੧॥	ਦਾਨੀ ਵਾਹਿਗੁਰੂ ਜੀ	Ouravaar Paar Sabh Eaeko Dhaanee ||4||2||10||61||	In this world, in the world beyond and everywhere, He alone is the Giver. ||4||2||10||61||	ਅਤੇ ਲੋਕ-ਪਰਲੋਕ ਵਿਚ ਹਰ ਥਾਂ ਉਸ ਇੱਕ ਪ੍ਰਭੂ ਨੂੰ ਹੀ ਜਾਣ ॥੪॥੨॥੧੦॥੬੧॥
15432	337	ਗਉੜੀ ੯॥	ਗਉੜੀ ਨਾਵੀਂ ਬੋਲੋ।	Gourree 9 ||	Gauree 9:	

15433	337	ਜੋਨਿ ਛਾਡਿ ਜਉ ਜਗ ਮਹਿ ਆਇਓ॥	(ਜੋਨਿ) ਗਰਭ	Jon Shhaadd Jo Jag Mehi Aaeiou ||	He leaves the womb, and comes into the world;	ਜਦੋਂ ਜੀਵ ਮਾਂ ਦਾ ਪੇਟ ਛੱਡ ਕੇ ਜਨਮ ਲੈਂਦਾ ਹੈ,
15434	337	ਲਾਗਤ ਪਵਨ ਖਸਮੁ ਬਿਸਰਾਇਓ॥੧॥		Laagath Pavan Khasam Bisaraaeiou ||1||	As soon as the air touches him, he forgets his Lord and Master. ||1||	ਤਾਂ (ਮਾਇਆ ਦੀ) ਹਵਾ ਲੱਗਦਿਆਂ ਹੀ ਖਸਮ-ਪ੍ਰਭੂ ਨੂੰ ਭੁਲਾ ਦੇਂਦਾ ਹੈ ॥੧॥
15435	337	ਜੀਅਰਾ ਹਰਿ ਕੇ ਗੁਨਾ ਗਾਉ॥੧॥ਰਹਾਉ॥		Jeearaa Har Kae Gunaa Gaao ||1|| Rehaao ||	O my soul, sing the Glorious Praises of the Lord. ||1||Pause||	ਹੇ ਜਿੰਦੇ! ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ॥੧॥ ਰਹਾਉ ॥
15436	337	ਗਰਭ ਜੋਨਿ ਮਹਿ ਉਰਧ ਤਪੁ ਕਰਤਾ॥	(ਉਰਧ) ਉਲਟਾ	Garabh Jon Mehi Ouradhh Thap Karathaa ||	You were upside-down, living in the womb; you generated the intense meditative heat of 'tapas'.	(ਜਦੋਂ ਜੀਵ) ਮਾਂ ਦੇ ਪੇਟ ਵਿਚ ਸਿਰ-ਭਾਰ ਟਿਕਿਆ ਹੋਇਆ ਪ੍ਰਭੂ ਦੀ ਬੰਦਗੀ ਕਰਦਾ ਹੈ,
15437	337	ਤਉ ਜਠਰ ਅਗਨਿ ਮਹਿ ਰਹਤਾ॥੨॥	(ਜਠਰ) ਪੇਟ। (ਰਹਤਾ) ਵਸਦਾ ਸੀ	Tho Jathar Agan Mehi Rehathaa ||2||	Then, you escaped the fire of the belly. ||2||	ਤਦੋਂ ਪੇਟ ਦੀ ਅੱਗ ਵਿਚ ਭੀ ਬਚਿਆ ਰਹਿੰਦਾ ਹੈ ॥੨॥
15438	337	ਲਖ ਚਉਰਾਸੀਹ ਜੋਨਿ ਭ੍ਰਮਿ ਆਇਓ॥	ਚਉਰਾਸੀ-ਹ	Lakh Chouraaseeh Jon Bhram Aaeiou ||	After wandering through 8.4 million incarnations, you came.	(ਜੀਵ) ਚੌਰਾਸੀਹ ਲੱਖ ਜੂਨਾਂ ਵਿਚ ਭਟਕ ਭਟਕ ਕੇ (ਭਾਗਾਂ ਨਾਲ ਮਨੁੱਖਾ ਜਨਮ ਵਿਚ) ਆਉਂਦਾ ਹੈ,

15439	337	ਅਬ ਕੇ ਛੁਟਕੇ ਠਉਰ ਨ ਠਾਇਓ॥੩॥	(ਛੁਟਕੇ) ਖੁੰਝੇ। (ਠਉਰ) ਠਹਿਰਨ ਦੀ (ਠਾਇਓ) ਥਾਂ ਨਹੀਂ ਮਿਲੇਗੀ	Ab Kae Shhuttakae Thour N Thaaeiou ||3||	If you stumble and fall now, you shall find no home or place of rest. ||3||	ਪਰ ਇੱਥੋਂ ਭੀ ਖੁੰਝ ਕੇ ਫਿਰ ਕੋਈ ਥਾਂ-ਥਿੱਤਾ (ਇਸ ਨੂੰ) ਨਹੀਂ ਮਿਲਦਾ ॥੩॥
15440	337	ਕਹੁ ਕਬੀਰ ਭਜੁ ਸਾਰਿਗਪਾਨੀ॥		Kahu Kabeer Bhaj Saarigapaanee ||	Says Kabeer, meditate, vibrate upon the Lord, the Sustainer of the earth.	ਕਬੀਰ ਆਖਦਾ ਹੈ- ਜਿੰਦ ਨੂੰ ਸਮਝਾ ਕਿ ਉਸ ਸਾਰਿਗਪਾਨੀ-ਪ੍ਰਭੂ ਨੂੰ ਸਿਮਰੇ,
15441	337	ਆਵਤ ਦੀਸੈ ਜਾਤ ਨ ਜਾਨੀ॥੪॥੧॥੧੧॥੬੨॥		Aavath Dheesai Jaath N Jaanee ||4||1||11||62||	He is not seen to be coming or going; He is the Knower of all. ||4||1||11||62||	ਜੋ ਨਾਹ ਜੰਮਦਾ ਦਿੱਸਦਾ ਹੈ ਤੇ ਨਾਹ ਮਰਦਾ ਸੁਣੀਦਾ ਹੈ ॥੪॥੧॥੧੧॥੬੨॥
15442	337	ਗਉੜੀ ਪੂਰਬੀ॥		Gourree Poorabee ||	Gauree Poorbee:	
15443	337	ਸੁਰਗ ਬਾਸੁ ਨ ਬਾਛੀਐ ਡਰੀਐ ਨ ਨਰਕਿ ਨਿਵਾਸੁ॥	(ਬਾਛੀਐ) ਇੱਛਾ ਕਰੀਏ	Surag Baas N Baashheeai Ddareeai N Narak Nivaas ||	Don't wish for a home in heaven, and don't be afraid to live in hell.	ਨਾਹ ਇਹ ਤਾਂਘ ਰੱਖਣੀ ਚਾਹੀਦੀ ਹੈ ਕਿ (ਮਰਨ ਪਿਛੋਂ) ਸੁਰਗ ਦਾ ਵਸੇਬਾ ਮਿਲ ਜਾਏ ਅਤੇ ਨਾਹ ਇਸ ਗੱਲੋਂ ਡਰਦੇ ਰਹੀਏ ਕਿ ਕਿਤੇ ਨਰਕ ਵਿਚ ਹੀ ਨਿਵਾਸ ਨਾਹ ਮਿਲ ਜਾਏ।
15444	337	ਹੋਨਾ ਹੈ ਸੋ ਹੋਈ ਹੈ ਮਨਹਿ ਨ ਕੀਜੈ ਆਸ॥੧॥	ਹੋਨਾ: ਪੋਲਾ ਬੋਲੋ। ਮਨ-ਹਿ	Honaa Hai So Hoee Hai Manehi N Keejai Aas ||1||	Whatever will be will be, so don't get your hopes up in your mind. ||1||	ਜੋ ਕੁਝ (ਪ੍ਰਭੂ ਦੀ ਰਜ਼ਾ ਵਿਚ) ਹੋਣਾ ਹੈ ਉਹੀ ਹੋਵੇਗਾ। ਸੋ, ਮਨ ਵਿਚ ਆਸਾਂ ਨਹੀਂ ਬਣਾਉਣੀਆਂ ਚਾਹੀਦੀਆਂ ॥੧॥

15445	337	ਰਮਈਆ ਗੁਨ ਗਾਈਐ॥	ਰ-ਮਈਆ	Rameeaa Gun Gaaeeai ||	Sing the Glorious Praises of the Lord,	ਅਕਾਲ ਪੁਰਖ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ,
15446	337	ਜਾ ਤੇ ਪਾਈਐ ਪਰਮ ਨਿਧਾਨੁ॥੧॥ਰਹਾਉ॥		Jaa Thae Paaeeai Param Nidhhaan ||1|| Rehaao ||	From whom the most excellent treasure is obtained. ||1||Pause||	ਅਤੇ ਇਸੇ ਉੱਦਮ ਨਾਲ ਉਹ (ਨਾਮ-ਰੂਪ) ਖ਼ਜ਼ਾਨਾ ਮਿਲ ਜਾਂਦਾ ਹੈ, ਜੋ ਸਭ (ਸੁਖਾਂ) ਨਾਲੋਂ ਉੱਚਾ ਹੈ ॥੧॥ ਰਹਾਉ ॥
15447	337	ਕਿਆ ਜਪੁ ਕਿਆ ਤਪੁ ਸੰਜਮੋ ਕਿਆ ਬਰਤੁ ਕਿਆ ਇਸਨਾਨੁ॥		Kiaa Jap Kiaa Thap Sanjamo Kiaa Barath Kiaa Eisanaan ||	What good is chanting, penance or self-mortification? What good is fasting or cleansing baths,	(ਉਦੋਂ ਤੱਕ) ਜਪ ਤਪ, ਸੰਜਮ, ਵਰਤ, ਇਸ਼ਨਾਨ-ਇਹ ਸਭ ਕਿਸੇ ਕੰਮ ਨਹੀਂ,
15448	337	ਜਬ ਲਗੁ ਜੁਗਤਿ ਨ ਜਾਨੀਐ ਭਾਉ ਭਗਤਿ ਭਗਵਾਨ॥੨॥		Jab Lag Jugath N Jaaneeai Bhaao Bhagath Bhagavaan ||2||	Unless you know the way to worship the Lord God with loving devotion? ||2||	ਜਦ ਤਕ ਅਕਾਲ ਪੁਰਖ ਨਾਲ ਪਿਆਰ ਤੇ ਉਸ ਦੀ ਭਗਤੀ ਦੀ ਜੁਗਤਿ ਨਹੀਂ ਸਮਝੀ (ਭਾਵ, ਜਦ ਤਕ ਇਹ ਸਮਝ ਨਹੀਂ ਪਈ ਕਿ ਭਗਵਾਨ ਨਾਲ ਪਿਆਰ ਕਰਨਾ, ਭਗਵਾਨ ਦੀ ਭਗਤੀ ਕਰਨਾ ਹੀ ਜੀਵਨ ਦੀ ਅਸਲ ਜੁਗਤੀ ਹੈ।) ॥੨॥

15449	337	ਸੰਪੈ ਦੇਖਿ ਨ ਹਰਖੀਐ ਬਿਪਤਿ ਦੇਖਿ ਨ ਰੋਇ॥	(ਸੰਪੈ) ਧਨ ਪਦਾਰਥ। (ਹਰਖੀਐ) ਖੁਸ਼ ਹੋਈਏ	Sanpai Dhaekh N Harakheeai Bipath Dhaekh N Roe ||	Don't feel so delighted at the sight of wealth, and don't weep at the sight of suffering and adversity.	ਰਾਜ-ਭਾਗ ਵੇਖ ਕੇ ਫੁੱਲੇ ਨਹੀਂ ਫਿਰਨਾ ਚਾਹੀਦਾ, ਮੁਸੀਬਤ ਵੇਖ ਕੇ ਦੁਖੀ ਨਹੀਂ ਹੋਣਾ ਚਾਹੀਦਾ।
15450	337	ਜਿਉ ਸੰਪੈ ਤਿਉ ਬਿਪਤਿ ਹੈ ਬਿਧ ਨੇ ਰਚਿਆ ਸੋ ਹੋਇ॥੩॥	ਬਿਪ-ਤਿ ਬਿਧ: ਪੋਲਾ ਬੋਲੋ	Jio Sanpai Thio Bipath Hai Bidhh Nae Rachiaa So Hoe ||3||	As is wealth, so is adversity; whatever the Lord proposes, comes to pass. ||3||	ਜੋ ਕੁਝ ਪਰਮਾਤਮਾ ਕਰਦਾ ਹੈ ਉਹੀ ਹੁੰਦਾ ਹੈ, ਜਿਵੇਂ ਰਾਜ-ਭਾਗ (ਪ੍ਰਭੂ ਦਾ ਦਿੱਤਾ ਹੀ ਮਿਲਦਾ) ਹੈ ਤਿਵੇਂ ਬਿਪਤਾ (ਭੀ ਉਸੇ ਦੀ ਪਾਈ ਪੈਂਦੀ) ਹੈ ॥੩॥
15451	337	ਕਹਿ ਕਬੀਰ ਅਬ ਜਾਨਿਆ ਸੰਤਨ ਰਿਦੈ ਮਝਾਰਿ॥	(ਮਝਾਰਿ) ਵਿੱਚ	Kehi Kabeer Ab Jaaniaa Santhan Ridhai Majhaar ||	Says Kabeer, now I know that the Lord dwells within the hearts of His Saints;	ਕਬੀਰ ਆਖਦਾ ਹੈ-ਹੁਣ ਇਹ ਸਮਝ ਆਈ ਹੈ (ਕਿ ਪਰਮਾਤਮਾ ਕਿਸੇ ਬੈਕੁੰਠ ਸੁਰਗ ਵਿਚ ਨਹੀਂ, ਪਰਮਾਤਮਾ) ਸੰਤਾਂ ਦੇ ਹਿਰਦੇ ਵਿਚ ਵੱਸਦਾ ਹੈ।
15452	337	ਸੇਵਕ ਸੋ ਸੇਵਾ ਭਲੇ ਜਿਹ ਘਟ ਬਸੈ ਮੁਰਾਰਿ॥੪॥੧॥੧੨॥੬੩॥		Saevak So Saevaa Bhalae Jih Ghatt Basai Muraar ||4||1||12||63||	That servant performs the best service, whose heart is filled with the Lord. ||4||1||12||63||	ਉਹੀ ਸੇਵਕ ਸੇਵਾ ਕਰਦੇ ਸੁਹਣੇ ਲੱਗਦੇ ਹਨ ਜਿਨ੍ਹਾਂ ਦੇ ਮਨ ਵਿਚ ਪ੍ਰਭੂ ਵੱਸਦਾ ਹੈ (ਭਾਵ, ਜੋ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ ॥੪॥੧॥੧੨॥੬੩॥
15453	337	ਗਉੜੀ॥		Gourree ||	Gauree:	

15454	337	ਰੇ ਮਨ ਤੇਰੋ ਕੋਇ ਨਹੀ ਖਿੰਚਿ ਲੇਇ ਜਿਨਿ ਭਾਰੁ॥		Rae Man Thaero Koe Nehee Khinch Laee Jin Bhaar ||	O my mind, even if you carry someone's burden, they don't belong to you.	ਹੇ ਮੇਰੇ ਮਨ! (ਅੰਤ ਨੂੰ) ਤੇਰਾ ਕੋਈ (ਸਾਥੀ) ਨਹੀਂ ਬਣੇਗਾ, ਮਤਾਂ (ਹੋਰਨਾਂ ਸੰਬੰਧੀਆਂ ਦਾ) ਭਾਰ ਖਿੱਚ ਕੇ (ਆਪਣੇ ਸਿਰ ਤੇ) ਲੈ ਲਏਂ (ਭਾਵ, ਮਤਾਂ ਸੰਬੰਧੀਆਂ ਦੀ ਖ਼ਾਤਰ ਪਰਪੰਚ ਕਰ ਕੇ ਪਰਾਇਆ ਧਨ ਲਿਆਉਣਾ ਸ਼ੁਰੂ ਕਰ ਦੇਵੇਂ)।
15455	337	ਬਿਰਖ ਬਸੇਰੋ ਪੰਖਿ ਕੋ ਤੈਸੋ ਇਹੁ ਸੰਸਾਰੁ॥੧॥		Birakh Basaero Pankh Ko Thaiso Eihu Sansaar ||1||	This world is like the perch of the bird on the tree. ||1||	ਜਿਵੇਂ ਪੰਛੀਆਂ ਦਾ ਰੁੱਖਾਂ ਤੇ ਬਸੇਰਾ ਹੁੰਦਾ ਹੈ ਇਸੇ ਤਰ੍ਹਾਂ ਇਹ ਜਗਤ (ਦਾ ਵਾਸਾ) ਹੈ ॥੧॥
15456	337	ਰਾਮ ਰਸੁ ਪੀਆ ਰੇ॥		Raam Ras Peeaa Rae ||	I drink in the sublime essence of the Lord.	ਹੇ ਭਾਈ! (ਗੁਰਮੁਖ) ਪਰਮਾਤਮਾ ਦੇ ਨਾਮ ਦਾ ਰਸ ਪੀਂਦੇ ਹਨ,
15457	337	ਜਿਹ ਰਸ ਬਿਸਰਿ ਗਏ ਰਸ ਅਉਰ॥੧॥ਰਹਾਉ॥		Jih Ras Bisar Geae Ras Aour ||1|| Rehaao ||	With the taste of this essence, I have forgotten all other tastes. ||1||Pause||	ਅਤੇ ਉਸ ਰਸ ਦੀ ਬਰਕਤ ਨਾਲ ਹੋਰ ਸਾਰੇ ਚਸਕੇ (ਉਹਨਾਂ ਨੂੰ) ਵਿਸਰ ਜਾਂਦੇ ਹਨ ॥੧॥ ਰਹਾਉ ॥
15458	337	ਅਉਰ ਮੁਏ ਕਿਆ ਰੋਈਐ ਜਉ ਆਪਾ ਥਿਰੁ ਨ ਰਹਾਇ॥		Aour Mueae Kiaa Roeeai Jo Aapaa Thhir N Rehaae ||	Why should we weep at the death of others, when we ourselves are not permanent?	ਕਿਸੇ ਹੋਰ ਦੇ ਮਰਨ ਤੇ ਰੋਣ ਦਾ ਕੀਹ ਅਰਥ, ਜਦੋਂ ਸਾਡਾ ਆਪਣਾ ਆਪ ਹੀ ਸਦਾ ਟਿਕਿਆ ਨਹੀਂ ਰਹੇਗਾ?

15459	337	ਜੋ ਉਪਜੈ ਸੋ ਬਿਨਸਿ ਹੈ ਦੁਖੁ ਕਰਿ ਰੋਵੈ ਬਲਾਇ॥੨॥		Jo Oupajai So Binas Hai Dhukh Kar Rovai Balaae ||2||	Whoever is born shall pass away; why should we cry out in grief? ||2||	(ਇਹ ਅਟੱਲ ਨਿਯਮ ਹੈ ਕਿ) ਜੋ ਜੋ ਜੀਵ ਜੰਮਦਾ ਹੈ ਉਹ ਨਾਸ ਹੋ ਜਾਂਦਾ ਹੈ, ਫਿਰ (ਕਿਸੇ ਦੇ ਮਰਨ ਤੇ) ਦੁਖੀ ਹੋ ਹੋ ਕੇ ਰੋਣਾ ਵਿਅਰਥ ਹੈ ॥੨॥
15460	337	ਜਹ ਕੀ ਉਪਜੀ ਤਹ ਰਚੀ ਪੀਵਤ ਮਰਦਨ ਲਾਗ॥	(ਮਰਦਨ) ਬਹਾਦਰ, ਗੁਰਮੁਖਿ। (ਲਾਗ) ਸੰਗਤ	Jeh Kee Oupajee Theh Rachee Peevath Maradhan Laag ||	We are re-absorbed into the One from whom we came; drink in the Lord's essence, and remain attached to Him.	ਗੁਰਮੁਖਾਂ ਦੀ ਸੰਗਤ ਵਿਚ (ਨਾਮ-ਰਸ) ਪੀਂਦਿਆਂ ਪੀਂਦਿਆਂ ਉਹਨਾਂ ਦੀ ਆਤਮਾ ਜਿਸ ਪ੍ਰਭੂ ਤੋਂ ਪੈਦਾ ਹੋਈ ਹੈ ਉਸੇ ਵਿਚ ਜੁੜੀ ਰਹਿੰਦੀ ਹੈ।
15461	337	ਕਹਿ ਕਬੀਰ ਚਿਤਿ ਚੇਤਿਆ ਰਾਮ ਸਿਮਰਿ ਬੈਰਾਗ॥੩॥੨॥੧੩॥੬੪॥		Kehi Kabeer Chith Chaethiaa Raam Simar Bairaag ||3||2||13||64||	Says Kabeer, my consciousness is filled with thoughts of remembrance of the Lord; I have become detached from the world. ||3||2||13||64||	ਕਬੀਰ ਆਖਦਾ ਹੈ-ਜਿਨ੍ਹਾਂ ਨੇ ਆਪਣੇ ਮਨ ਵਿਚ ਪ੍ਰਭੂ ਨੂੰ ਯਾਦ ਕੀਤਾ ਹੈ, ਪ੍ਰਭੂ ਨੂੰ ਸਿਮਰਿਆ ਹੈ, ਉਹਨਾਂ ਦੇ ਅੰਦਰ ਜਗਤ ਵਲੋਂ ਨਿਰਮੋਹਤਾ ਪੈਦਾ ਹੋ ਜਾਂਦੀ ਹੈ ॥੩॥੨॥੧੩॥੬੪॥
15462	337	ਰਾਗੁ ਗਉੜੀ॥	(ਪੰਥੁ) ਰਸਤਾ (ਨਿਹਾਰੈ) ਤੱਕਦੀ। (ਉਸਾਸਾ) ਹਉਕੇ। ਕੱਾਮਨੀ	Raag Gourree ||	Raag Gauree:	
15463	337	ਪੰਥੁ ਨਿਹਾਰੈ ਕਾਮਨੀ ਲੋਚਨ ਭਰੀ ਲੇ ਉਸਾਸਾ॥		Panthh Nihaarai Kaamanee Lochan Bharee Lae Ousaasaa ||	The bride gazes at the path, and sighs with tearful eyes.	(ਜਿਵੇਂ ਪਰਦੇਸ ਗਏ ਪਤੀ ਦੀ ਉਡੀਕ ਵਿਚ) ਇਸਤ੍ਰੀ (ਉਸ ਦਾ) ਰਾਹ ਤੱਕਦੀ ਹੈ, (ਉਸ ਦੀਆਂ) ਅੱਖਾਂ ਹੰਝੂਆਂ ਨਾਲ ਭਰੀਆਂ ਹਨ ਤੇ ਉਹ ਉੱਭੇ ਸਾਹ ਲੈ ਰਹੀ ਹੈ,

15464	338	ਉਰ ਨ ਭੀਜੈ ਪਗੁ ਨਾ ਖਿਸੈ ਹਰਿ ਦਰਸਨ ਕੀ ਆਸਾ॥੧॥	(ਉਰ) ਹਿਰਦਾ	Our N Bheejai Pag Naa Khisai Har Dharasan Kee Aasaa ||1||	Her heart is not happy, but she does not retrace her steps, in hopes of seeing the Blessed Vision of the Lord's Darshan. ||1||	(ਰਾਹ ਤੱਕਦਿਆਂ ਉਸ ਦਾ) ਦਿਲ ਰੱਜਦਾ ਨਹੀਂ, ਪੈਰ ਖਿਸਕਦਾ ਨਹੀਂ (ਭਾਵ, ਖਲੋਤੀ ਖਲੋਤੀ ਥੱਕਦੀ ਨਹੀਂ), (ਇਸੇ ਤਰ੍ਹਾਂ ਹਾਲਤ ਹੁੰਦੀ ਹੈ ਉਸ ਬਿਰਹੀ ਜੀਊੜੇ ਦੀ, (ਜਿਸ ਨੂੰ) ਪ੍ਰਭੂ ਦੇ ਦੀਦਾਰ ਦੀ ਉਡੀਕ ਹੁੰਦੀ ਹੈ ॥੧॥
15465	338	ਉਡਹੁ ਨ ਕਾਗਾ ਕਾਰੇ॥	ਹੇ ਮਨ! ਅਪਣੇ ਅੰਦਰ ਗੁਰੂ ਜੀ ਦੇ ਸੱਚੇ ਚਰਨ ਪ੍ਰਾਪਤ ਕਰਕੇ, ਉਨ੍ਹਾਂ ਨੂੰ ਛੱਡ ਕੇ ਹੋਰ(ਕਾਰੇ) ਕਾਲ਼ੇ ਔਗੁਣਾਂ ਵਿਕਾਰਾਂ ਚ ਨ(ਉਡਹੁ) ਉੱਡ। (ਦੂਜਾ ਪਾਠ: ਉਡ ਹੁਨ)	Ouddahu N Kaagaa Kaarae ||	So fly away, black crow,	(ਵਿਛੁੜੀ ਬਿਹਬਲ ਨਾਰ ਵਾਂਗ ਹੀ ਵੈਰਾਗਣ ਜੀਵ-ਇਸਤ੍ਰੀ ਆਖਦੀ ਹੈ) ਹੇ ਕਾਲੇ ਕਾਂ! ਉੱਡ, ਮੈਂ ਸਦਕੇ ਜਾਵਾਂ ਉੱਡ,
15466	338	ਬੇਗਿ ਮਿਲੀਜੈ ਅਪੁਨੇ ਰਾਮ ਪਿਆਰੇ॥੧॥ਰਹਾਉ ॥	(ਬੇਗਿ) ਛੇਤੀ	Baeg Mileejai Apunae Raam Piaarae ||1|| Rehaao ||	So that I may quickly meet my Beloved Lord. ||1||Pause||	(ਭਲਾ ਜੇ) ਮੈਂ ਆਪਣੇ ਪਿਆਰੇ ਪ੍ਰਭੂ ਨੂੰ ਛੇਤੀ ਮਿਲ ਪਵਾਂ ॥੧॥ ਰਹਾਉ ॥

15467	338	ਕਹਿ ਕਬੀਰ ਜੀਵਨਪਦ ਕਾਰਨਿ ਹਰਿ ਕੀ ਭਗਤਿ ਕਰੀਜੈ॥		Kehi Kabeer Jeevan Padh Kaaran Har Kee Bhagath Kareejai ||	Says Kabeer, to obtain the status of eternal life, worship the Lord with devotion.	ਕਬੀਰ ਆਖਦਾ ਹੈ-(ਜਿਵੇਂ ਪਰਦੇਸ ਗਏ ਪਤੀ ਦਾ ਰਾਹ ਤੱਕਦੀ ਨਾਰ ਬਿਰਹੋਂ ਅਵਸਥਾ ਵਿਚ ਤਰਲੇ ਲੈਂਦੀ ਹੈ, ਤਿਵੇਂ ਹੀ) ਜ਼ਿੰਦਗੀ ਦਾ ਅਸਲੀ ਦਰਜਾ ਹਾਸਲ ਕਰਨ ਲਈ ਪ੍ਰਭੂ ਦੀ ਭਗਤੀ ਕਰਨੀ ਚਾਹੀਦੀ ਹੈ।
15468	338	ਏਕੁ ਆਧਾਰੁ ਨਾਮੁ ਨਾਰਾਇਨ ਰਸਨਾ ਰਾਮੁ ਰਵੀਜੈ॥੨॥੧॥੧੪॥ ੬੫॥		Eaek Aadhhaar Naam Naaraaein Rasanaa Raam Raveejai ||2||1||14||65||	The Name of the Lord is my only Support; with my tongue, I chant the Lord's Name. ||2||1||14||65||	ਪ੍ਰਭੂ ਦੇ ਨਾਮ ਦਾ ਹੀ ਇੱਕ ਆਸਰਾ ਹੋਣਾ ਚਾਹੀਦਾ ਹੈ ਤੇ ਜੀਭ ਨਾਲ ਉਸ ਨੂੰ ਯਾਦ ਕਰਨਾ ਚਾਹੀਦਾ ਹੈ ॥੨॥੧॥੧੪॥੬੫॥
15469	338	ਰਾਗੁ ਗਉੜੀ ੧੧॥	ਗਿਆਰਵੀਂ ਬੋਲੋ।	Raag Gourree 11 ||	Raag Gauree 11:	
15470	338	ਆਸ ਪਾਸ ਘਨ ਤੁਰਸੀ ਕਾ ਬਿਰਵਾ ਮਾਝ ਬਨਾਰਸਿ ਗਾਊਂ ਰੇ॥	(ਘਨ) ਘਣੇ। (ਤੁਰਸੀ) ਤੁਲਸੀ। (ਬਿਰਵਾ) ਬੂਟੇ। (ਮਾਝ) ਵਿੱਚ। (ਬਨਾਰਸਿ) (ਦੂਜਾ ਪਾਠ: ਬਨਾ ਰਸਿ)	Aas Paas Ghan Thurasee Kaa Biravaa Maajh Banaa Ras Gaaoon Rae ||	All around, there are thick bushes of sweet basil, and there in the midst of the forest, the Lord is singing with joy.	(ਜਿਸ ਕ੍ਰਿਸ਼ਨ ਜੀ ਦੇ) ਆਸੇ ਪਾਸੇ ਤੁਲਸੀ ਦੇ ਸੰਘਣੇ ਬੂਟੇ ਸਨ (ਅਤੇ ਜੋ) ਤੁਲਸੀ ਦੇ ਜੰਗਲ ਵਿਚ ਪ੍ਰੇਮ ਨਾਲ ਗਾ ਰਿਹਾ ਸੀ,

15471	338	ਉਆ ਕਾ ਸਰੂਪੁ ਦੇਖਿ ਮੋਹੀ ਗੁਆਰਨਿ ਮੋਕਉ ਛੋਡਿ ਨ ਆਉ ਨ ਜਾਹੂ ਰੇ॥੧॥		Ouaa Kaa Saroop Dhaekh Mohee Guaaran Mo Ko Shhodd N Aao N Jaahoo Rae ||1||	Beholding His wondrous beauty, the milk-maid was entranced, and said, "Please don't leave me; please don't come and go!"||1||	ਉਸ ਦਾ ਦਰਸ਼ਨ ਕਰ ਕੇ (ਗੋਕਲ ਦੀ) ਗੁਆਲਣ ਮੋਹੀ ਗਈ (ਤੇ ਆਖਣ ਲੱਗੀ-) ਹੇ ਪ੍ਰੀਤਮ! ਮੈਨੂੰ ਛੱਡ ਕੇ ਕਿਸੇ ਹੋਰ ਥਾਂ ਨਾਹ ਆਈਂ ਜਾਈਂ ॥੧॥
15472	338	ਤੋਹਿ ਚਰਨ ਮਨੁ ਲਾਗੋ ਸਾਰਿੰਗਧਰ॥	ਸਾਰਿੰਗ-ਧਰ	Thohi Charan Man Laago Saaringadhhar ||	My mind is attached to Your Feet, O Archer of the Universe;	ਹੇ ਧਨੁਖਧਾਰੀ ਪ੍ਰਭੂ! (ਜਿਵੇਂ ਉਹ ਗੁਆਲਣ ਕ੍ਰਿਸ਼ਨ ਜੀ ਤੋਂ ਵਾਰਨੇ ਜਾਂਦੀ ਸੀ ਤਿਵੇਂ ਮੇਰਾ ਭੀ) ਮਨ ਤੇਰੇ ਚਰਨਾਂ ਵਿਚ ਪ੍ਰੋਤਾ ਗਿਆ ਹੈ,
15473	338	ਸੋ ਮਿਲੈ ਜੋ ਬਡਭਾਗੋ॥੧॥ਰਹਾਉ ॥		So Milai Jo Baddabhaago ||1|| Rehaao ||	He alone meets You, who is blessed by great good fortune. ||1||Pause||	ਪਰ ਤੈਨੂੰ ਓਹੀ ਮਿਲਦਾ ਹੈ ਜੋ ਵੱਡੇ ਭਾਗਾਂ ਵਾਲਾ ਹੋਵੇ ॥੧॥ ਰਹਾਉ ॥
15474	338	ਬਿੰਦ੍ਰਾਬਨ ਮਨ ਹਰਨ ਮਨੋਹਰ ਕ੍ਰਿਸਨ ਚਰਾਵਤ ਗਾਊ ਰੇ॥		Bindhraaban Man Haran Manohar Kirasan Charaavath Gaaoo Rae ||	In Brindaaban, where Krishna grazes his cows, he entices and fascinates my mind.	ਹੇ ਪ੍ਰਭੂ! ਬਿੰਦ੍ਰਾਬਨ ਵਿਚ ਕ੍ਰਿਸ਼ਨ ਗਾਈਆਂ ਚਾਰਦਾ ਸੀ (ਤੇ ਉਹ ਗੋਕਲ ਦੀਆਂ ਗੁਆਲਣਾਂ ਦਾ) ਮਨ ਮੋਹਣ ਵਾਲਾ ਸੀ, ਮਨ ਨੂੰ ਧ੍ਰੂਹ ਪਾਣ ਵਾਲਾ ਸੀ,

15475	338	ਜਾ ਕਾ ਠਾਕੁਰੁ ਤੁਹੀ ਸਾਰਿੰਗਧਰ ਮੋਹਿ ਕਬੀਰਾ ਨਾਊ ਰੇ॥੨॥੨॥੧੫॥੬੬॥		Jaa Kaa Thaakur Thuhee Saaringadhhar Mohi Kabeeraa Naaoo Rae ||2||2||15||66||	You are my Lord Master, the Archer of the Universe; my name is Kabeer. ||2||2||15||66||	ਤੇ ਹੇ ਧਨੁਖਧਾਰੀ ਸੱਜਣ! ਜਿਸ ਦਾ ਤੂੰ ਸਾਈਂ ਹੈਂ ਉਸ ਦਾ ਨਾਮ ਕਬੀਰ (ਜੁਲਾਹਾ) ਹੈ। (ਭਾਵ, ਜਿਨ੍ਹਾਂ ਦਾ ਮਨ ਕ੍ਰਿਸ਼ਨ ਜੀ ਨੇ ਬਿੰਦ੍ਰਾਬਨ ਵਿਚ ਗਾਈਆਂ ਚਾਰ ਕੇ ਮੋਹਿਆ ਸੀ ਉਨ੍ਹਾਂ ਨੂੰ ਲੋਕ ਗੋਕਲ ਦੀਆਂ ਗਰੀਬ ਗੁਆਲਣਾਂ ਆਖਦੇ ਹਨ। ਹੇ ਸਾਈਂ! ਮੇਰੇ ਤੇ ਤੂੰ ਮਿਹਰ ਕਰ, ਮੈਨੂੰ ਭੀ ਲੋਕ ਗਰੀਬ ਜੁਲਾਹਾ ਆਖਦੇ ਹਨ। ਤੂੰ ਗਰੀਬਾਂ ਉਤੇ ਜ਼ਰੂਰ ਮਿਹਰ ਕਰਦਾ ਹੈਂ) ॥੨॥੨॥੧੫॥੬੬॥
15476	338	ਗਉੜੀ ਪੂਰਬੀ ੧੨॥	ਬਾਰਵੀਂ ਬੋਲੋ।	Gourree Poorabee 12 ||	Gauree Poorbee 12:	
15477	338	ਬਿਪਲ ਬਸਤ੍ਰ ਕੇਤੇ ਹੈ ਪਹਿਰੇ ਕਿਆ ਬਨ ਮਧੇ ਬਾਸਾ॥	ਬਿਪਲ:ਪੋਲਾ ਬੋਲੋ। (ਬਿਪਲ) ਬਹੁਤ। ਬੱਾਸਾ	Bipal Basathr Kaethae Hai Pehirae Kiaa Ban Madhhae Baasaa ||	Many people wear various robes, but what is the use of living in the forest?	ਕਈ ਲੋਕ ਲੰਮੇ-ਚੌੜੇ ਚੋਲੇ ਪਹਿਨਦੇ ਹਨ (ਇਸ ਦਾ ਕੀਹ ਲਾਭ?) ਜੰਗਲਾਂ ਵਿਚ ਜਾ ਵੱਸਣ ਦਾ ਭੀ ਕੀਹ ਗੁਣ?

15478	338	ਕਹਾ ਭਇਆ ਨਰ ਦੇਵਾ ਧੋਖੇ ਕਿਆ ਜਲਿ ਬੋਰਿਓ ਗਿਆਤਾ॥੧॥	(ਧੋਖੇ) ਧੂਪ ਧੁਖਾਈ, ਪੂਜਨ ਕੀਤਾ। (ਬੋਰਿਓ) ਡੋਬਿਆ। (ਗਿਆਤਾ) ਜਾਣ ਬੁੱਝ ਕੇ	Kehaa Bhaeiaa Nar Dhaevaa Dhhokhae Kiaa Jal Boriou Giaathaa ||1||	What good does it do if a man burns incense before his gods? What good does it do to dip one's body in water? ||1||	ਹੇ ਭਾਈ! ਜੇ ਧੂਪ ਆਦਿਕ ਧੁਖਾ ਕੇ ਦੇਵਤਿਆਂ ਦੀ ਪੂਜਾ ਕਰ ਲਈ ਤਾਂ ਭੀ ਕੀਹ ਬਣਿਆ? ਤੇ ਜੇ ਜਾਣ ਬੁਝ ਕੇ (ਕਿਸੇ ਤੀਰਥ ਆਦਿਕ ਦੇ) ਜਲ ਵਿਚ ਸਰੀਰ ਡੋਬ ਲਿਆ ਤਾਂ ਭੀ ਕੀਹ ਹੋਇਆ? ॥੧॥
15479	338	ਜੀਅਰੇ ਜਾਹਿਗਾ ਮੈ ਜਾਨਾਂ॥		Jeearae Jaahigaa Mai Jaanaan ||	O soul, I know that I will have to depart.	ਮੈਂ ਸਮਝਦਾ ਹਾਂ (ਇਸ ਮਾਇਆ ਦੇ ਨਾਲ) ਤੂੰ ਭੀ ਆਪਣਾ ਆਪ ਅਜਾਈਂ ਗਵਾਉਂਦਾ ਹੈਂ।
15480	338	ਅਬਿਗਤੁ ਸਮਝੁ ਇਆਨਾ॥	(ਅਬਿਗਤੁ) ਵਾਹਿਗੁਰੂ	Abigath Samajh Eiaanaa ||	You ignorant idiot: understand the Imperishable Lord.	ਹੇ ਅੰਞਾਣ ਜੀਵ! ਇਕ ਪਰਮਾਤਮਾ ਨੂੰ ਖੋਜ।
15481	338	ਜਤ ਜਤ ਦੇਖਉ ਬਹੁਰਿ ਨ ਪੇਖਉ ਸੰਗਿ ਮਾਇਆ ਲਪਟਾਨਾ॥੧॥ਰਹਾਉ ॥		Jath Jath Dhaekho Bahur N Paekho Sang Maaeiaa Lapattaanaa ||1|| Rehaao ||	Whatever you see, you will not see that again, but still, you cling to Maya. ||1||Pause||	ਹੇ ਜੀਵ! ਤੂੰ (ਉਸ) ਮਾਇਆ ਵਿਚ ਲਪਟ ਰਿਹਾ ਹੈਂ (ਜੋ) ਜਿਧਰ ਭੀ ਮੈਂ ਵੇਖਦਾ ਹਾਂ ਮੁੜ (ਪਹਿਲੇ ਰੂਪ ਵਿਚ) ਮੈਂ ਨਹੀਂ ਵੇਖਦਾ (ਭਾਵ, ਜਿਧਰ ਵੇਖਦਾ ਹਾਂ, ਮਾਇਆ ਨਾਸਵੰਤ ਹੀ ਹੈ, ਇਕ ਰੰਗ ਰਹਿਣ ਵਾਲੀ ਨਹੀਂ ਹੈ) ॥੧॥ ਰਹਾਉ ॥

15482	338	ਗਿਆਨੀ ਧਿਆਨੀ ਬਹੁ ਉਪਦੇਸੀ ਇਹੁ ਜਗੁ ਸਗਲੋ ਧੰਧਾ॥		Giaanee Dhhiaanee Bahu Oupadhaesee Eihu Jag Sagalo Dhhandhhaa ||	The spiritual teachers, meditators and the great preachers are all engrossed in these worldly affairs.	ਕੋਈ ਗਿਆਨ-ਚਰਚਾ ਕਰ ਰਿਹਾ ਹੈ, ਕੋਈ ਸਮਾਧੀ ਲਾਈ ਬੈਠਾ ਹੈ, ਕੋਈ ਹੋਰਨਾਂ ਨੂੰ ਉਪਦੇਸ਼ ਕਰ ਰਿਹਾ ਹੈ (ਪਰ ਅਸਲ ਵਿਚ) ਇਹ ਸਾਰਾ ਜਗਤ ਮਾਇਆ ਦਾ ਜੰਜਾਲ ਹੀ ਹੈ (ਭਾਵ, ਮਾਇਆ ਦੇ ਜੰਜਾਲ ਵਿਚ ਹੀ ਇਹ ਜੀਵ ਗ੍ਰੱਸੇ ਪਏ ਹਨ)।
15483	338	ਕਹਿ ਕਬੀਰ ਇਕ ਰਾਮ ਨਾਮ ਬਿਨੁ ਇਆ ਜਗੁ ਮਾਇਆ ਅੰਧਾ॥੨॥੧॥੧੬॥੬੭॥		Kehi Kabeer Eik Raam Naam Bin Eiaa Jag Maaeiaa Andhhaa ||2||1||16||67||	Says Kabeer, without the Name of the One Lord, this world is blinded by Maya. ||2||1||16||67||	ਕਬੀਰ ਆਖਦਾ ਹੈ-ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਇਹ ਜਗਤ ਮਾਇਆ ਵਿਚ ਅੰਨ੍ਹਾ ਹੋਇਆ ਪਿਆ ਹੈ ॥੨॥੧॥੧੬॥੬੭॥
15484	338	ਗਉੜੀ ੧੨॥		Gourree 12 ||	Gauree 12:	
15485	338	ਮਨ ਰੇ ਛਾਡਹੁ ਭਰਮੁ ਪ੍ਰਗਟ ਹੋਇ ਨਾਚਹੁ ਇਆ ਮਾਇਆ ਕੇ ਡਾਂਡੇ॥	(ਡਾਂਡੇ) ਝਗੜੇ, ਡੰਨ ਨੂੰ ਪ੍ਰਾਪਤ	Man Rae Shhaaddahu Bharam Pragatt Hoe Naachahu Eiaa Maaeiaa Kae Ddaanddae ||	O people, O victims of this Maya, abandon your doubts and dance out in the open.	ਹੇ ਮਨ! ਵਿਕਾਰਾਂ ਦੇ ਪਿੱਛੇ ਦੌੜ-ਭੱਜ ਛੱਡ ਦੇਹ, ਇਹ (ਕਾਮ, ਕ੍ਰੋਧ ਆਦਿਕ) ਸਭ ਮਾਇਆ ਦੀਆਂ ਠੱਗੀਆਂ ਹਨ (ਜਦ ਤੂੰ ਸਭ ਤੋਂ ਉੱਚੇ ਪ੍ਰਭੂ ਦੀ ਸ਼ਰਨ ਆ ਗਿਆ, ਹੁਣ ਇਹਨਾਂ ਤੋਂ ਕਿਉਂ ਡਰੇਂ? ਹੁਣ ਨਿਡਰ ਹੋ ਕੇ ਉਤਸ਼ਾਹ ਵਿਚ ਰਹੁ)।

15486	338	ਸੂਰੁ ਕਿ ਸਨਮੁਖ ਰਨ ਤੇ ਡਰਪੈ ਸਤੀ ਕਿ ਸਾਂਚੈ ਭਾਂਡੇ॥੧॥	(ਸਾਂਚੈ) ਇਕੱਠੇ ਕਰੇ। ਸਤੀ: ਪੋਲਾ ਬੋਲੋ	Soor K Sanamukh Ran Thae Ddarapai Sathee K Saanchai Bhaanddae ||1||	What sort of a hero is one who is afraid to face the battle? What sort of satee is she who, when her time comes, starts collecting her pots and pans? ||1||	ਉਹ ਸੂਰਮਾ ਕਾਹਦਾ ਜੋ ਸਾਹਮਣੇ ਦਿੱਸਦੀ ਰਣ-ਭੂਮੀ ਤੋਂ ਡਰ ਜਾਏ? ਉਹ ਇਸਤ੍ਰੀ ਸਤੀ ਨਹੀਂ ਹੋ ਸਕਦੀ ਜੋ (ਘਰ ਦੇ) ਭਾਂਡੇ ਸਾਂਭਣ ਲੱਗ ਪਏ (ਸੂਰਮੇ ਵਾਂਗ ਤੇ ਸਤੀ ਵਾਂਗ, ਹੇ ਮਨ! ਤੂੰ ਭੀ ਕਾਮਾਦਿਕਾਂ ਦਾ ਟਾਕਰਾ ਕਰਨਾ ਹੈ ਤੇ ਆਪਾ-ਭਾਵ ਸਾੜਨਾ ਹੈ) ॥੧॥
15487	338	ਡਗਮਗ ਛਾਡਿ ਰੇ ਮਨ ਬਉਰਾ॥	ਡਗਮਗ: ਪੋਲਾ ਬੋਲੋ। (ਦੂਜਾ ਪਾਠ: ਡਗ ਮਗ)	Ddagamag Shhaadd Rae Man Bouraa ||	Stop your wavering, O crazy people!	ਹੇ ਕਮਲੇ ਮਨ! (ਸਭ ਤੋਂ ਉੱਚੇ ਮਾਲਕ ਦੀ ਸ਼ਰਨ ਆ ਕੇ ਹੁਣ) ਜੱਕੋ-ਤੱਕੇ ਛੱਡ ਦੇਹ।
15488	338	ਅਬ ਤਉ ਜਰੇ ਮਰੇ ਸਿਧਿ ਪਾਈਐ ਲੀਨੋ ਹਾਥਿ ਸੰਧਉਰਾ॥੧॥ਰਹਾਉ ॥	(ਜਰੇ) ਜਲ਼ਿਆਂ (ਮਰੇ) ਮਰਿਆਂ। (ਸੰਧਉਰਾ) ਖੰਡਾ, ਨਾਰੀਅਲ	Ab Tho Jarae Marae Sidhh Paaeeai Leeno Haathh Sandhhouraa ||1|| Rehaao ||	Now that you have taken up the challenge of death, let yourself burn and die, and attain perfection. ||1||Pause||	(ਜਿਸ ਇਸਤ੍ਰੀ ਨੇ) ਹੱਥ ਵਿਚ ਸੰਧੂਰਿਆ ਹੋਇਆ ਨਲੀਏਰ ਲੈ ਗਿਆ, ਉਸ ਨੂੰ ਤਾਂ ਹੁਣ ਸੜ ਕੇ ਮਰਿਆਂ ਹੀ ਸਿੱਧੀ (ਭਾਵ, ਸਤੀ ਵਾਲਾ ਮਰਾਤਬਾ) ਮਿਲੇਗਾ, ਤਿਵੇਂ, ਹੇ ਮਨ! ਤੂੰ ਪ੍ਰਭੂ ਦੀ ਓਟ ਲਈ ਹੈ, ਹੁਣ ਕਾਮਾਦਿਕਾਂ ਦੇ ਸਾਹਮਣੇ ਡੋਲਣਾ ਛੱਡ ਦੇਹ, ਹੁਣ ਤਾਂ ਆਪਾ-ਭਾਵ ਮਾਰਿਆਂ ਹੀ ਇਹ ਪ੍ਰੀਤ ਨਿਭੇਗੀ) ॥੧॥ ਰਹਾਉ ॥

15489	338	ਕਾਮ ਕ੍ਰੋਧ ਮਾਇਆ ਕੇ ਲੀਨੇ ਇਆ ਬਿਧਿ ਜਗਤੁ ਬਿਗੂਤਾ॥	(ਲੀਨੇ) ਲੀਨ, ਲਈ, ਠੱਗਿਆ। (ਬਿਗੂਤਾ) ਖੁਆਰ ਹੁੰਦਾ। ਬਿਧਿ: ਪੋਲਾ ਬੋਲੋ। ਜੱਗਤੁ	Kaam Krodhh Maaeiaa Kae Leenae Eiaa Bidhh Jagath Bigoothaa ‖	The world is engrossed in sexual desire, anger and Maya; in this way it is plundered and ruined.	ਕਿਸੇ ਨੂੰ ਕਾਮ ਨੇ ਠੱਗ ਲਿਆ ਹੈ, ਕਿਸੇ ਨੂੰ ਕ੍ਰੋਧ ਨੇ ਠੱਗਿਆ ਹੈ, ਕਿਸੇ ਨੂੰ ਮਾਇਆ (ਦੇ ਕਿਸੇ ਹੋਰ ਤਰੰਗ) ਨੇ-ਇਸੇ ਤਰ੍ਹਾਂ ਸਾਰਾ ਜਗਤ ਖ਼ੁਆਰ ਹੋ ਰਿਹਾ ਹੈ।
15490	338	ਕਹਿ ਕਬੀਰ ਰਾਜਾਰਾਮ ਨ ਛੋਡਉ ਸਗਲ ਊਚ ਤੇ ਊਚਾ॥੨॥੨॥੧੭॥੬੮॥		Kehi Kabeer Raajaa Raam N Shhoddo Sagal Ooch Thae Oochaa ‖2‖2‖17‖68‖	Says Kabeer, do not forsake the Lord, your Sovereign King, the Highest of the High. ‖2‖2‖17‖68‖	(ਇਹਨਾਂ ਤੋਂ ਬਚਣ ਲਈ) ਕਬੀਰ (ਤਾਂ ਇਹੀ) ਆਖਦਾ ਹੈ (ਭਾਵ, ਅਰਦਾਸ ਕਰਦਾ ਹੈ) ਕਿ ਮੈਂ ਸਭ ਤੋਂ ਉੱਚੇ ਮਾਲਕ ਪਰਮਾਤਮਾ ਨੂੰ ਨਾਹ ਵਿਸਾਰਾਂ ॥੨॥੨॥੧੭॥੬੮॥
15491	338	ਗਉੜੀ ੧੩॥	ਤੇਰਵੀਂ ਬੋਲੋ	Gourree 13 ‖	Gauree 13:	
15492	338	ਫੁਰਮਾਨੁ ਤੇਰਾ ਸਿਰੈ ਊਪਰਿ ਫਿਰਿ ਨ ਕਰਤ ਬੀਚਾਰ॥		Furamaan Thaeraa Sirai Oopar Fir N Karath Beechaar ‖	Your Command is upon my head, and I no longer question it.	(ਹੇ ਪ੍ਰਭੂ!) ਤੇਰਾ ਹੁਕਮ ਮੇਰੇ ਸਿਰ-ਮੱਥੇ ਤੇ ਹੈ, ਮੈਂ ਇਸ ਵਿਚ ਕੋਈ ਨਾਂਹ-ਨੁੱਕਰ ਨਹੀਂ ਕਰਦਾ।
15493	338	ਤੁਹੀ ਦਰੀਆ ਤੁਹੀ ਕਰੀਆ ਤੁਝੈ ਤੇ ਨਿਸਤਾਰ॥੧॥	(ਕਰੀਆ) ਮਲਾਹ	Thuhee Dhareeaa Thuhee Kareeaa Thujhai Thae Nisathaar ‖1‖	You are the river, and You are the boatman; salvation comes from You. ‖1‖	ਇਹ ਸੰਸਾਰ-ਸਮੁੰਦਰ ਤੂੰ ਆਪ ਹੀ ਹੈਂ, (ਇਸ ਵਿਚੋਂ ਪਾਰ ਲੰਘਾਉਣ ਵਾਲਾ) ਮਲਾਹ ਭੀ ਤੂੰ ਆਪ ਹੈਂ। ਤੇਰੀ ਮਿਹਰ ਨਾਲ ਹੀ ਮੈਂ ਇਸ ਵਿਚੋਂ ਪਾਰ ਲੰਘ ਸਕਦਾ ਹਾਂ ॥੧॥

15494	338	ਬੰਦੇ ਬੰਦਗੀ ਇਕਤੀਆਰ॥	(ਇਕਤੀਆਰ) ਗ੍ਰਹਿਣ ਕਰੋ	Bandhae Bandhagee Eikatheeaar ||	O human being, embrace the Lord's meditation	ਹੇ ਬੰਦੇ! ਤੂੰ (ਪ੍ਰਭੂ ਦੀ) ਭਗਤੀ ਕਬੂਲ ਕਰ,
15495	338	ਸਾਹਿਬੁ ਰੋਸੁ ਧਰਉ ਕਿ ਪਿਆਰੁ॥੧॥ਰਹਾਉ ॥		Saahib Ros Dhharo K Piaar ||1|| Rehaao ||	Whether your Lord and Master is angry with you or in love with you. ||1||Pause||	(ਪ੍ਰਭੂ-) ਮਾਲਕ ਚਾਹੇ (ਤੇਰੇ ਨਾਲ) ਪਿਆਰ ਕਰੇ ਚਾਹੇ ਗੁੱਸਾ ਕਰੇ (ਤੂੰ ਇਸ ਗੱਲ ਦੀ ਪਰਵਾਹ ਨਾਹ ਕਰ) ॥੧॥ ਰਹਾਉ ॥
15496	338	ਨਾਮੁ ਤੇਰਾ ਆਧਾਰੁ ਮੇਰਾ ਜਿਉ ਫੂਲੁ ਜਈ ਹੈ ਨਾਰਿ॥	(ਜਈ) ਖਿੜ ਪੈਂਦਾ। (ਨਾਰਿ) ਪਾਣੀ ਚ	Naam Thaeraa Aadhhaar Maeraa Jio Fool Jee Hai Naar ||	Your Name is my Support, like the flower blossoming in the water.	(ਹੇ ਪ੍ਰਭੂ!) ਤੇਰਾ ਨਾਮ ਮੇਰਾ ਆਸਰਾ ਹੈ (ਇਸ ਤਰ੍ਹਾਂ) ਜਿਵੇਂ ਫੁੱਲ ਪਾਣੀ ਵਿਚ ਖਿੜਿਆ ਰਹਿੰਦਾ ਹੈ (ਭਾਵ, ਜਿਵੇਂ ਫੁੱਲ ਨੂੰ ਪਾਣੀ ਆਸਰਾ ਹੈ)।
15497	338	ਕਹਿ ਕਬੀਰ ਗੁਲਾਮੁ ਘਰ ਕਾ ਜੀਆਇ ਭਾਵੈ ਮਾਰਿ॥੨॥੧੮॥੬੯॥		Kehi Kabeer Gulaam Ghar Kaa Jeeaae Bhaavai Maar ||2||18||69||	Says Kabeer, I am the slave of Your home; I live or die as You will. ||2||18||69||	ਕਬੀਰ ਆਖਦਾ ਹੈ-(ਹੇ ਪ੍ਰਭੂ!) ਮੈਂ ਤੇਰੇ ਘਰ ਦਾ ਚਾਕਰ ਹਾਂ, (ਇਹ ਤੇਰੀ ਮਰਜ਼ੀ ਹੈ) ਚਾਹੇ ਜੀਊਂਦਾ ਰੱਖ ਚਾਹੇ ਮਾਰ ਦੇਹ ॥੨॥੧੮॥੬੯॥
15498	338	ਗਉੜੀ॥		Gourree ||	Gauree:	

15499	338	ਲਖ ਚਉਰਾਸੀਹ ਜੀਅ ਜੋਨਿ ਮਹਿ ਭ੍ਰਮਤ ਨੰਦੁ ਬਹੁ ਥਾਕੋ ਰੇ॥	(ਨੰਦੁ) ਕ੍ਰਿਸ਼ਨ ਜੀ ਨੂੰ ਪਾਲਣ ਵਾਲਾ ਪਿਤਾ। ਚਉਰਸੀਹ। ਥੱਾਕੋ	Lakh Chouraaseeh Jeea Jon Mehi Bhramath Nandh Bahu Thhaako Rae ||	Wandering through 8.4 million incarnations, Krishna's father Nand was totally exhausted.	ਹੇ ਭਾਈ! (ਤੁਸੀ ਆਖਦੇ ਹੋ ਕਿ ਜਦੋਂ) ਚੌਰਾਸੀ ਲੱਖ ਜੀਵਾਂ ਦੀਆਂ ਜੂਨਾਂ ਵਿਚ ਭਟਕ ਭਟਕ ਕੇ ਨੰਦ ਬਹੁਤ ਥੱਕ ਗਿਆ,
15500	338	ਭਗਤਿ ਹੇਤਿ ਅਵਤਾਰੁ ਲੀਓ ਹੈ ਭਾਗੁ ਬਡੋ ਬਪੁਰਾ ਕੋ ਰੇ॥੧॥	(ਬਪੁਰਾ) ਵਿਚਾਰੇ	Bhagath Haeth Avathaar Leeou Hai Bhaag Baddo Bapuraa Ko Rae ||1||	Because of his devotion, Krishna was incarnated in his home; how great was the good fortune of this poor man! ||1||	(ਤੇ ਉਸ ਨੂੰ ਮਨੁੱਖਾ ਜਨਮ ਮਿਲਿਆ ਤਾਂ ਉਸ ਨੇ ਪਰਮਾਤਮਾ ਦੀ ਭਗਤੀ ਕੀਤੀ), ਉਸ ਦੀ ਭਗਤੀ ਤੇ ਪ੍ਰਸੰਨ ਹੋ ਕੇ (ਪਰਮਾਤਮਾ ਨੇ ਉਸ ਦੇ ਘਰ) ਜਨਮ ਲਿਆ, ਉਸ ਵਿਚਾਰੇ ਨੰਦ ਦੀ ਬੜੀ ਕਿਸਮਤ ਜਾਗੀ ॥੧॥
15501	338	ਤੁਮ੍ ਜੁ ਕਹਤ ਹਉ ਨੰਦ ਕੋ ਨੰਦਨੁ ਨੰਦ ਸੁ ਨੰਦਨੁ ਕਾ ਕੋ ਰੇ॥		Thumh J Kehath Ho Nandh Ko Nandhan Nandh S Nandhan Kaa Ko Rae ||	You say that Krishna was Nand's son, but whose son was Nand himself?	ਪਰ, ਹੇ ਭਾਈ! ਤੁਸੀ ਜੋ ਇਹ ਆਖਦੇ ਹੋ ਕਿ (ਪਰਮਾਤਮਾ ਨੰਦ ਦੇ ਘਰ ਅਵਤਾਰ ਲੈ ਕੇ) ਨੰਦ ਦਾ ਪੁੱਤਰ ਬਣਿਆ, (ਇਹ ਦੱਸੋ ਕਿ) ਉਹ ਨੰਦ ਕਿਸ ਦਾ ਪੁੱਤਰ ਸੀ?
15502	338	ਧਰਨਿ ਅਕਾਸੁ ਦਸੋ ਦਿਸ ਨਾਹੀ ਤਬ ਇਹੁ ਨੰਦੁ ਕਹਾ ਥੋ ਰੇ॥੧॥ਰਹਾਉ॥	ਦਸੋ ਦਿਸ: ਪੋਲਾ ਬੋਲੋ	Dhharan Akaas Dhaso Dhis Naahee Thab Eihu Nandh Kehaa Thho Rae ||1|| Rehaao ||	When there was no earth or ether or the ten directions, where was this Nand then? ||1||Pause||	ਤੇ ਜਦੋਂ ਨਾਹ ਇਹ ਧਰਤੀ ਅਤੇ ਨਾਹ ਅਕਾਸ਼ ਸੀ, ਤਦੋਂ ਇਹ ਨੰਦ (ਜਿਸ ਨੂੰ ਤੁਸੀ ਪਰਮਾਤਮਾ ਦਾ ਪਿਓ ਆਖ ਰਹੇ ਹੋ) ਕਿਥੇ ਸੀ ॥੧॥ ਰਹਾਉ ॥

15503	339	ਸੰਕਟਿ ਨਹੀ ਪਰੈ ਜੋਨਿ ਨਹੀ ਆਵੈ ਨਾਮੁ ਨਿਰੰਜਨ ਜਾ ਕੋ ਰੇ॥		Sankatt Nehee Parai Jon Nehee Aavai Naam Niranjan Jaa Ko Rae ||	He does not fall into misfortune, and He does not take birth; His Name is the Immaculate Lord.	ਹੇ ਭਾਈ! (ਅਸਲ ਗੱਲ ਇਹ ਹੈ ਕਿ ਜਿਸ ਪ੍ਰਭੂ) ਦਾ ਨਾਮ ਹੈ ਨਿਰੰਜਨ (ਭਾਵ, ਜੋ ਪ੍ਰਭੂ ਕਦੇ ਮਾਇਆ ਦੇ ਅਸਰ ਹੇਠ ਨਹੀਂ ਆ ਸਕਦਾ), ਉਹ ਜੂਨ ਵਿਚ ਨਹੀਂ ਆਉਂਦਾ, ਉਹ (ਜੰਮਣ ਮਰਨ ਦੇ) ਦੁੱਖ ਵਿਚ ਨਹੀਂ ਪੈਂਦਾ।
15504	339	ਕਬੀਰ ਕੋ ਸੁਆਮੀ ਐਸੋ ਠਾਕੁਰੁ ਜਾ ਕੈ ਮਾਈ ਨ ਬਾਪੋ ਰੇ॥੨॥੧੯॥੭੦॥		Kabeer Ko Suaamee Aiso Thaakur Jaa Kai Maaee N Baapo Rae ||2||19||70||	Kabeer's Lord is such a Lord and Master, who has no mother or father. ||2||19||70||	ਕਬੀਰ ਦਾ ਸੁਆਮੀ (ਸਾਰੇ ਜਗਤ ਦਾ) ਪਾਲਣਹਾਰ ਐਸਾ ਹੈ ਜਿਸ ਦੀ ਨਾ ਕੋਈ ਮਾਂ ਹੈ, ਤੇ ਨਾ ਪਿਓ ॥੨॥੧੯॥੭੦॥
15505	339	ਗਉੜੀ॥		Gourree ||	Gauree:	
15506	339	ਨਿੰਦਉ ਨਿੰਦਉ ਮੋਕਉ ਲੋਗੁ ਨਿੰਦਉ॥		Nindho Nindho Mo Ko Log Nindho ||	Slander me, slander me - go ahead, people, and slander me.	ਜਗਤ ਬੇਸ਼ੱਕ ਮੇਰੀ ਨਿੰਦਾ ਕਰੇ, ਬੇਸ਼ੱਕ ਮੇਰੇ ਔਗੁਣ ਭੰਡੇ;
15507	339	ਨਿੰਦਾ ਜਨ ਕਉ ਖਰੀ ਪਿਆਰੀ॥		Nindhaa Jan Ko Kharee Piaaree ||	Slander is pleasing to the Lord's humble servant.	ਪ੍ਰਭੂ ਦੇ ਸੇਵਕ ਨੂੰ ਆਪਣੀ ਨਿੰਦਿਆ ਹੁੰਦੀ ਚੰਗੀ ਲੱਗਦੀ ਹੈ,

15508	339	ਨਿੰਦਾ ਬਾਪੁ ਨਿੰਦਾ ਮਹਤਾਰੀ॥੧॥ਰਹਾਉ ॥	(ਮਹਤਾਰੀ) ਮਾਤਾ	Nindhaa Baap Nindhaa Mehathaaree ||1|| Rehaao ||	Slander is my father, slander is my mother. ||1||Pause||	ਕਿਉਂਕਿ ਨਿੰਦਿਆ ਸੇਵਕ ਦਾ ਮਾਂ ਪਿਉ ਹੈ (ਭਾਵ, ਜਿਵੇਂ ਮਾਪੇ ਆਪਣੇ ਬਾਲ ਵਿਚ ਸ਼ੁਭ ਗੁਣ ਵਧਦੇ ਵੇਖਣਾ ਲੋੜਦੇ ਹਨ, ਤਿਵੇਂ ਨਿੰਦਿਆ ਭੀ ਔਗੁਣ ਨਸ਼ਰ ਕਰ ਕੇ ਭਲੇ ਗੁਣਾਂ ਲਈ ਸਹਾਇਤਾ ਕਰਦੀ ਹੈ) ॥੧॥ ਰਹਾਉ ॥
15509	339	ਨਿੰਦਾ ਹੋਇ ਤ ਬੈਕੁੰਠਿ ਜਾਈਐ॥		Nindhaa Hoe Th Baikunth Jaaeeai ||	If I am slandered, I go to heaven;	ਜੇ ਲੋਕ ਔਗੁਣ ਨਸ਼ਰ ਕਰਨ ਤਾਂ ਹੀ ਬੈਕੁੰਠ ਵਿਚ ਜਾ ਸਕੀਦਾ ਹੈ,
15510	339	ਨਾਮੁ ਪਦਾਰਥੁ ਮਨਹਿ ਬਸਾਈਐ॥	ਮਨ-ਹਿ	Naam Padhaarathh Manehi Basaaeeai ||	The wealth of the Naam, the Name of the Lord, abides within my mind.	(ਕਿਉਂਕਿ ਇਸ ਤਰ੍ਹਾਂ ਆਪਣੇ ਔਗੁਣ ਛੱਡ ਕੇ) ਪ੍ਰਭੂ ਦਾ ਨਾਮ-ਰੂਪ ਧਨ ਮਨ ਵਿਚ ਵਸਾ ਸਕੀਦਾ ਹੈ।
15511	339	ਰਿਦੈ ਸੁਧ ਜਉ ਨਿੰਦਾ ਹੋਇ॥		Ridhai Sudhh Jo Nindhaa Hoe ||	If my heart is pure, and I am slandered,	ਜੇ ਹਿਰਦਾ ਸੁੱਧ ਹੁੰਦਿਆਂ ਸਾਡੀ ਨਿੰਦਿਆ ਹੋਵੇ (ਭਾਵ, ਜੇ ਸੁੱਧ ਭਾਵਨਾ ਨਾਲ ਅਸੀਂ ਆਪਣੇ ਔਗੁਣ ਨਸ਼ਰ ਹੁੰਦੇ ਸੁਣੀਏ),
15512	339	ਹਮਰੇ ਕਪਰੇ ਨਿੰਦਕੁ ਧੋਇ॥੧॥	ਹਿਰਦਾ ਰੂਪੀ (ਕੱਪਰੇ) ਕੱਪੜੇ	Hamarae Kaparae Nindhak Dhhoe ||1||	Then the slanderer washes my clothes. ||1||	ਤਾਂ ਨਿੰਦਕ ਸਾਡੇ ਮਨ ਨੂੰ ਪਵਿੱਤਰ ਕਰਨ ਵਿਚ ਸਹਾਇਤਾ ਕਰਦਾ ਹੈ ॥੧॥
15513	339	ਨਿੰਦਾ ਕਰੈ ਸੁ ਹਮਰਾ ਮੀਤੁ॥		Nindhaa Karai S Hamaraa Meeth ||	One who slanders me is my friend;	(ਤਾਂ ਤੇ) ਜੋ ਮਨੁੱਖ ਸਾਨੂੰ ਭੰਡਦਾ ਹੈ, ਉਹ ਸਾਡਾ ਮਿੱਤਰ ਹੈ,

15514	339	ਨਿੰਦਕ ਮਾਹਿ ਹਮਾਰਾ ਚੀਤੁ॥		Nindhak Maahi Hamaaraa Cheeth ||	The slanderer is in my thoughts.	ਕਿਉਂਕਿ ਸਾਡੀ ਸੁਰਤ ਆਪਣੇ ਨਿੰਦਕ ਵਿਚ ਰਹਿੰਦੀ ਹੈ (ਭਾਵ, ਅਸੀਂ ਆਪਣੇ ਨਿੰਦਕ ਦੀ ਗੱਲ ਬੜੇ ਧਿਆਨ ਨਾਲ ਸੁਣਦੇ ਹਾਂ)।
15515	339	ਨਿੰਦਕੁ ਸੋ ਜੋ ਨਿੰਦਾ ਹੋਰੈ॥		Nindhak So Jo Nindhaa Horai ||	The slanderer is the one who prevents me from being slandered.	(ਅਸਲ ਵਿਚ) ਸਾਡਾ ਮੰਦਾ ਚਿਤਵਣ ਵਾਲਾ ਮਨੁੱਖ ਉਹ ਹੈ, ਜੋ ਸਾਡੇ ਐਬ ਨਸ਼ਰ ਹੋਣੋਂ ਰੋਕਦਾ ਹੈ।
15516	339	ਹਮਰਾ ਜੀਵਨੁ ਨਿੰਦਕੁ ਲੋਰੈ॥੨॥		Hamaraa Jeevan Nindhak Lorai ||2||	The slanderer wishes me long life. ||2||	ਨਿੰਦਕ ਤਾਂ ਸਗੋਂ ਇਹ ਚਾਹੁੰਦਾ ਹੈ ਕਿ ਸਾਡਾ ਜੀਵਨ ਚੰਗਾ ਬਣੇ ॥੨॥
15517	339	ਨਿੰਦਾ ਹਮਰੀ ਪ੍ਰੇਮ ਪਿਆਰੁ॥		Nindhaa Hamaree Praem Piaar ||	I have love and affection for the slanderer.	ਜਿਉਂ ਜਿਉਂ ਸਾਡੀ ਨਿੰਦਿਆ ਹੁੰਦੀ ਹੈ, ਤਿਉਂ ਤਿਉਂ ਸਾਡੇ ਅੰਦਰ ਪ੍ਰਭੂ ਦਾ ਪ੍ਰੇਮ-ਪਿਆਰ ਪੈਦਾ ਹੁੰਦਾ ਹੈ,
15518	339	ਨਿੰਦਾ ਹਮਰਾ ਕਰੈ ਉਧਾਰੁ॥		Nindhaa Hamaraa Karai Oudhhaar ||	Slander is my salvation.	ਕਿਉਂਕਿ ਸਾਡੀ ਨਿੰਦਿਆ ਸਾਨੂੰ ਔਗੁਣਾਂ ਵਲੋਂ ਬਚਾਉਂਦੀ ਹੈ।
15519	339	ਜਨ ਕਬੀਰ ਕਉ ਨਿੰਦਾ ਸਾਰੁ॥		Jan Kabeer Ko Nindhaa Saar ||	Slander is the best thing for servant Kabeer.	ਸੋ, ਦਾਸ ਕਬੀਰ ਲਈ ਤਾਂ ਉਸ ਦੇ ਔਗੁਣਾਂ ਦਾ ਨਸ਼ਰ ਹੋਣਾ ਸਭ ਤੋਂ ਵਧੀਆ ਗੱਲ ਹੈ।

15520	339	ਨਿੰਦਕੁ ਡੂਬਾ ਹਮ ਉਤਰੇ ਪਾਰਿ॥੩॥੨੦॥੭੧॥		Nindhak Ddoobaa Ham Outharae Paar ||3||20||71||	The slanderer is drowned, while I am carried across. ||3||20||71||	ਪਰ (ਵਿਚਾਰਾ) ਨਿੰਦਕ (ਸਦਾ ਦੂਜਿਆਂ ਦੇ ਔਗੁਣਾਂ ਦੀਆਂ ਗੱਲਾਂ ਕਰ ਕਰ ਕੇ ਆਪ ਉਹਨਾਂ ਔਗੁਣਾਂ ਵਿਚ) ਡੁੱਬ ਜਾਂਦਾ ਹੈ, ਤੇ ਅਸੀਂ (ਆਪਣੇ ਔਗੁਣਾਂ ਦੀ ਚੇਤਾਵਨੀ ਨਾਲ ਉਹਨਾਂ ਤੋਂ) ਬਚ ਨਿਕਲਦੇ ਹਾਂ ॥੩॥੨੦॥੭੧॥
15521	339	ਰਾਜਾਰਾਮ ਤੂੰ ਐਸਾ ਨਿਰਭਉ ਤਰਨ ਤਾਰਨ ਰਾਮਰਾਇਆ॥੧॥ਰਹਾਉ॥	ਤਾਰਨ ਨੂੰ (ਤਰਨ) ਜਹਾਜ਼	Raajaa Raam Thoon Aisaa Nirabho Tharan Thaaran Raam Raaeiaa ||1|| Rehaao ||	O my Sovereign Lord King, You are Fearless; You are the Carrier to carry us across, O my Lord King. ||1||Pause||	ਹੇ ਸਭ ਦੇ ਮਾਲਕ ਪ੍ਰਭੂ! ਹੇ ਸਭ ਜੀਵਾਂ ਨੂੰ ਤਾਰਨ ਲਈ ਸਮਰੱਥ ਰਾਮ! ਹੇ ਸਭ ਵਿਚ ਵਿਆਪਕ ਪ੍ਰਭੂ! ਤੂੰ ਕਿਸੇ ਤੋਂ ਡਰਦਾ ਨਹੀਂ ਹੈਂ; ਤੇਰਾ ਸੁਭਾਵ ਕੁਝ ਅਨੋਖਾ ਹੈ ॥੧॥ ਰਹਾਉ ॥
15522	339	ਜਬ ਹਮ ਹੋਤੇ ਤਬ ਤੁਮ ਨਾਹੀ ਅਬ ਤੁਮ ਹਹੁ ਹਮ ਨਾਹੀ॥	ਹ-ਹੁ	Jab Ham Hothae Thab Thum Naahee Ab Thum Hahu Ham Naahee ||	When I was, then You were not; now that You are, I am not.	ਜਿਤਨਾ ਚਿਰ ਅਸੀਂ ਕੁਝ ਬਣੀ ਫਿਰਦੇ ਹਾਂ (ਭਾਵ, ਹਉਮੈ ਅਹੰਕਾਰ ਕਰਦੇ ਹਾਂ) ਤਦ ਤਕ (ਹੇ ਪ੍ਰਭੂ!) ਤੂੰ ਸਾਡੇ ਅੰਦਰ ਪਰਗਟ ਨਹੀਂ ਹੁੰਦਾ (ਆਪਣਾ ਚਾਨਣ ਨਹੀਂ ਕਰਦਾ), ਪਰ ਜਦੋਂ ਹੁਣ ਤੂੰ ਆਪ (ਸਾਡੇ ਵਿਚ) ਨਿਵਾਸ ਕੀਤਾ ਹੈ ਤਾਂ ਸਾਡੇ ਵਿਚ ਉਹ ਪਹਿਲੀ ਹਉਮੈ ਨਹੀਂ ਰਹੀ।

15523	339	ਅਬ ਹਮ ਤੁਮ ਏਕ ਭਏ ਹਹਿ ਏਕੈ ਦੇਖਤ ਮਨੁ ਪਤੀਆਹੀ॥੧॥	ਹ-ਹਿ ਪਤੀ-ਆਹੀ	Ab Ham Thum Eaek Bheae Hehi Eaekai Dhaekhath Man Patheeaahee ||1||	Now, You and I have become one; seeing this, my mind is content. ||1||	ਹੁਣ (ਹੇ ਪ੍ਰਭੂ!) ਤੂੰ ਤੇ ਅਸੀਂ ਇੱਕ-ਰੂਪ ਹੋ ਗਏ ਹਾਂ, ਹੁਣ ਤੈਨੂੰ ਵੇਖ ਕੇ ਸਾਡਾ ਮਨ ਮੰਨ ਗਿਆ ਹੈ (ਕਿ ਤੂੰ ਹੀ ਤੂੰ ਹੈਂ, ਤੈਥੋਂ ਵੱਖਰੇ ਅਸੀਂ ਕੁਝ ਭੀ ਨਹੀਂ ਹਾਂ) ॥੧॥
15524	339	ਜਬ ਬੁਧਿ ਹੋਤੀ ਤਬ ਬਲੁ ਕੈਸਾ ਅਬ ਬੁਧਿ ਬਲੁ ਨ ਖਟਾਈ॥	ਵਿਸ਼ੇ ਔਗੁਣਾ ਵਾਲੀ ਬੁੱਧਿ ਜਦੋਂ ਹੁੰਦੀ ਸੀ ਤਦੋਂ ਬਿਬੇਕ ਭਾਵ ਸਤ ਸੰਤੋਖ ਚੰਗੇ ਗੁਣਾਂ ਦਾ ਬਲੁ ਕੀ ਹੋਣਾ ਸੀ। ਹੁਣ ਸਤ ਸੰਤੋਖ ਗੁਣਾਂ ਵਾਲੀ ਬੁਧਿ ਹੋਣ ਕਰਕੇ ਆਸੁਰੀ ਸੰਪਦਾ ਭਾਵ ਔਗੁਣਾਂ ਦਾ ਬਲੁ (ਖਟਾਈ) ਨਹੀਂ ਹੈ	Jab Budhh Hothee Thab Bal Kaisaa Ab Budhh Bal N Khattaaee ||	When there was wisdom, how could there be strength? Now that there is wisdom, strength cannot prevail.	(ਹੇ ਪ੍ਰਭੂ!) ਜਿਤਨਾ ਚਿਰ ਅਸਾਂ ਜੀਵਾਂ ਵਿਚ ਆਪਣੀ ਅਕਲ (ਦੀ ਹਉਮੈ) ਹੁੰਦੀ ਹੈ ਉਤਨਾ ਚਿਰ ਸਾਡੇ ਵਿਚ ਕੋਈ ਆਤਮਕ ਬਲ ਨਹੀਂ ਹੁੰਦਾ (ਭਾਵ, ਸਹਿਮੇ ਹੀ ਰਹਿੰਦੇ ਹਾਂ), ਪਰ ਹੁਣ (ਜਦੋਂ ਤੂੰ ਆਪ ਸਾਡੇ ਵਿਚ ਆ ਪ੍ਰਗਟਿਆ ਹੈਂ) ਸਾਡੀ ਆਪਣੀ ਅਕਲ ਤੇ ਬਲ ਦਾ ਮਾਣ ਨਹੀਂ ਰਿਹਾ।
15525	339	ਕਹਿ ਕਬੀਰ ਬੁਧਿ ਹਰਿ ਲਈ ਮੇਰੀ ਬੁਧਿ ਬਦਲੀ ਸਿਧਿ ਪਾਈ॥੨॥੨੧॥੭੨॥	ਪਦਾਰਥਾਂ ਵਲੋਂ ਬੁੱਧ (ਬਦਲੀ) ਬਦਲ ਗਈ। (ਸਿਧਿ) ਮੁਕਤੀ ਪਾ ਲਈ	Kehi Kabeer Budhh Har Lee Maeree Budhh Badhalee Sidhh Paaee ||2||21||72||	Says Kabeer, the Lord has taken away my wisdom, and I have attained spiritual perfection. ||2||21||72||	ਕਬੀਰ ਆਖਦਾ ਹੈ-(ਹੇ ਪ੍ਰਭੂ!) ਤੂੰ ਮੇਰੀ (ਹਉਮੈ ਵਾਲੀ) ਅਕਲ ਖੋਹ ਲਈ ਹੈ, ਹੁਣ ਉਹ ਅਕਲ ਬਦਲ ਗਈ ਹੈ (ਭਾਵ, 'ਮੈਂ ਮੈਂ' ਛੱਡ ਕੇ 'ਤੂੰ ਹੀ ਤੂੰ' ਕਰਨ ਵਾਲੀ ਹੋ ਗਈ ਹੈ, ਇਸ ਵਾਸਤੇ ਮਨੁੱਖਾ ਜਨਮ ਦੇ ਮਨੋਰਥ ਦੀ) ਸਿੱਧੀ ਹਾਸਲ ਹੋ ਗਈ ਹੈ ॥੨॥੨੧॥੭੨॥
15526	339	ਗਉੜੀ॥		Gourree ||	Gauree:	

15527	339	ਖਟ ਨੇਮ ਕਰਿ ਕੋਠੜੀ ਬਾਂਧੀ ਬਸਤੁ ਅਨੂਪੁ ਬੀਚ ਪਾਈ॥	ਖਟ:ਪੋਲਾ ਬੋਲੋ। (ਖਟ) ਛੇ	Khatt Naem Kar Kotharree Baandhhee Basath Anoop Beech Paaee ||	He fashioned the body chamber with six rings, and placed within it the incomparable thing.	ਛੇ ਚੱਕਰ ਬਣਾ ਕੇ (ਪ੍ਰਭੂ ਨੇ) ਇਹ (ਮਨੁੱਖਾ ਸਰੀਰ-ਰੂਪ) ਨਿੱਕਾ ਜਿਹਾ ਘਰ ਰਚ ਦਿੱਤਾ ਹੈ ਤੇ (ਇਸ ਘਰ) ਵਿਚ (ਆਪਣੀ ਆਤਮਕ ਜੋਤ-ਰੂਪ) ਅਚਰਜ ਵਸਤ ਰੱਖ ਦਿੱਤੀ ਹੈ;
15528	339	ਕੁੰਜੀ ਕੁਲਫੁ ਪ੍ਰਾਨ ਕਰਿ ਰਾਖੇ ਕਰਤੇ ਬਾਰ ਨ ਲਾਈ॥੧॥	(ਕੁਲਫੁ) ਜਿੰਦਾ	Kunjee Kulaf Praan Kar Raakhae Karathae Baar N Laaee ||1||	He made the breath of life the watchman, with lock and key to protect it; the Creator did this in no time at all. ||1||	(ਇਸ ਘਰ ਦਾ) ਜੰਦਰਾ-ਕੁੰਜੀ (ਪ੍ਰਭੂ ਨੇ) ਪ੍ਰਾਣਾਂ ਨੂੰ ਹੀ ਬਣਾ ਦਿੱਤਾ ਹੈ, ਤੇ (ਇਹ ਖੇਡ) ਬਣਾਉਂਦਿਆਂ ਉਹ ਚਿਰ ਨਹੀਂ ਲਾਉਂਦਾ ॥੧॥
15529	339	ਅਬ ਮਨ ਜਾਗਤ ਰਹੁ ਰੇ ਭਾਈ॥		Ab Man Jaagath Rahu Rae Bhaaee ||	Keep your mind awake and aware now, O Sibling of Destiny.	(ਇਸ ਘਰ ਵਿਚ ਰਹਿਣ ਵਾਲੇ) ਹੇ ਪਿਆਰੇ ਮਨ! ਹੁਣ ਜਾਗਦਾ ਰਹੁ,
15530	339	ਗਾਫਲੁ ਹੋਇ ਕੈ ਜਨਮੁ ਗਵਾਇਓ ਚੋਰੁ ਮੁਸੈ ਘਰੁ ਜਾਈ॥੧॥ਰਹਾਉ॥	ਮੁੱਸੈ	Gaafal Hoe Kai Janam Gavaaeiou Chor Musai Ghar Jaaee ||1|| Rehaao ||	You were careless, and you have wasted your life; your home is being plundered by thieves. ||1||Pause||	ਬੇ-ਪਰਵਾਹ ਹੋ ਕੇ ਤੂੰ (ਹੁਣ ਤਕ) ਜੀਵਨ ਅਜਾਈਂ ਗਵਾ ਲਿਆ ਹੈ; (ਜੇ ਕੋਈ ਭੀ ਗ਼ਾਫ਼ਲ ਹੁੰਦਾ ਹੈ) ਚੋਰ ਜਾ ਕੇ (ਉਸ ਦਾ) ਘਰ ਲੁੱਟ ਲੈਂਦਾ ਹੈ ॥੧॥ ਰਹਾਉ ॥
15531	339	ਪੰਚ ਪਹਰੂਆ ਦਰ ਮਹਿ ਰਹਤੇ ਤਿਨ੍ ਕਾ ਨਹੀ ਪਤੀਆਰਾ॥	(ਪੰਚ) ਪੰਜ ਗਿਆਨ ਇੰਦ੍ਰੇ ਅੱਖਾਂ ਨੱਕ ਕੰਨ ਜੀਭ ਚਮੜੀ (ਪਹ-ਰੂਆ) ਪਹਿਰੇਦਾਰ। (ਪਤੀ-ਆਰਾ) ਭਰੋਸਾ	Panch Peharooaa Dhar Mehi Rehathae Thin Kaa Nehee Patheeaaraa ||	The five senses stand as guards at the gate, but now can they be trusted?	(ਇਹ ਜੋ) ਪੰਜ ਪਹਿਰੇਦਾਰ (ਇਸ ਘਰ ਦੇ) ਦਰਵਾਜ਼ਿਆਂ ਉੱਤੇ ਰਹਿੰਦੇ ਹਨ, ਇਹਨਾਂ ਦਾ ਕੋਈ ਵਿਸਾਹ ਨਹੀਂ।

15532	339	ਚੇਤਿ ਸੁਚੇਤ ਚਿਤ ਹੋਇ ਰਹੁ ਤਉ ਲੈ ਪਰਗਾਸੁ ਉਜਾਰਾ॥੨॥		Chaeth Suchaeth Chith Hoe Rahu Tho Lai Paragaas Oujaaraa ||2||	When you are conscious in your consciousness, you shall be enlightened and illuminated. ||2||	ਹੁਸ਼ਿਆਰ ਹੋ ਕੇ ਰਹੁ ਤੇ (ਮਾਲਕ ਨੂੰ) ਚੇਤੇ ਰੱਖ ਤਾਂ (ਤੇਰੇ ਅੰਦਰ ਪ੍ਰਭੂ ਦੀ ਆਤਮਕ ਜੋਤ ਦਾ) ਚਾਨਣ ਨਿਖਰ ਆਵੇਗਾ ॥੨॥
15533	339	ਨਉ ਘਰ ਦੇਖਿ ਜੁ ਕਾਮਨਿ ਭੂਲੀ ਬਸਤੁ ਅਨੂਪ ਨ ਪਾਈ॥		No Ghar Dhaekh J Kaaman Bhoolee Basath Anoop N Paaee ||	Seeing the nine openings of the body, the soul-bride is led astray; she does not obtain that incomparable thing.	ਜਿਹੜੀ ਜੀਵ-ਇਸਤ੍ਰੀ (ਸਰੀਰ ਦੇ) ਨੌ ਘਰਾਂ (ਨੌ ਗੋਲਕਾਂ ਜੋ ਸਰੀਰਕ ਕ੍ਰਿਆ ਚਲਾਣ ਲਈ ਹਨ) ਨੂੰ ਵੇਖ ਕੇ (ਆਪਣੇ ਅਸਲ-ਮਨੋਰਥ ਵਲੋਂ) ਖੁੰਝ ਜਾਂਦੀ ਹੈ, ਉਸ ਨੂੰ (ਜੋਤ-ਰੂਪ) ਅਚਰਜ ਸ਼ੈ (ਅੰਦਰੋਂ) ਨਹੀਂ ਲੱਭਦੀ (ਭਾਵ, ਉਸ ਦਾ ਧਿਆਨ ਅੰਦਰ-ਵੱਸਦੀ ਆਤਮਕ ਜੋਤ ਵਲ ਨਹੀਂ ਪੈਂਦਾ)।
15534	339	ਕਹਤੁ ਕਬੀਰ ਨਵੈ ਘਰ ਮੂਸੇ ਦਸਵੈਂ ਤਤੁ ਸਮਾਈ॥੩॥੨੨॥੭੩॥	(ਮੁੱਸੇ) ਵੱਸ ਕਰੇ। ਨਵੈ: ਪੋਲਾ ਬੋਲੋ	Kehath Kabeer Navai Ghar Moosae Dhasavain Thath Samaaee ||3||22||73||	Says Kabeer, the nine openings of the body are being plundered; rise up to the Tenth Gate, and discover the true essence. ||3||22||73||	ਕਬੀਰ ਆਖਦਾ ਹੈ ਜਦੋਂ ਇਹ ਨੌ ਹੀ ਘਰ ਵੱਸ ਵਿਚ ਆ ਜਾਂਦੇ ਹਨ, ਤਾਂ ਪ੍ਰਭੂ ਦੀ ਜੋਤ ਦਸਵੇਂ ਘਰ ਵਿਚ ਟਿਕ ਜਾਂਦੀ ਹੈ (ਭਾਵ, ਤਦੋਂ ਅੰਦਰ-ਵੱਸਦੇ ਪ੍ਰਭੂ ਦੀ ਹੋਂਦ ਦੀ ਵਿਚਾਰ ਜੀਵ ਨੂੰ ਫੁਰ ਆਉਂਦੀ ਹੈ, ਤਦੋਂ ਸੁਰਤ ਪ੍ਰਭੂ ਦੀ ਯਾਦ ਵਿਚ ਟਿਕਦੀ ਹੈ ॥੩॥੨੨॥੭੩॥
15535	339	ਗਉੜੀ॥		Gourree ||	Gauree:	

15536	339	ਮਾਈ ਮੋਹਿ ਅਵਰੁ ਨ ਜਾਨਿਓ ਆਨਾਨਾਂ॥	(ਆਨਾ-ਨਾਂ) ਹੋਰ ਕੋਈ	Maaee Mohi Avar N Jaaniou Aanaanaan ||	O mother, I do not know any other, except Him.	ਹੇ (ਮੇਰੀ) ਮਾਂ! ਮੈਂ ਕਿਸੇ ਹੋਰ ਨੂੰ (ਆਪਣੇ ਜੀਵਨ ਦਾ ਆਸਰਾ) ਨਹੀਂ ਸਮਝਿਆ,
15537	339	ਸਿਵ ਸਨਕਾਦਿ ਜਾਸੁ ਗੁਨ ਗਾਵਹਿ ਤਾਸੁ ਬਸਹਿ ਮੋਰੇ ਪ੍ਰਾਨਾਨਾਂ॥ਰਹਾਉ॥	ਗਾਵ-ਹਿ ਬਸ-ਹਿ	Siv Sanakaadh Jaas Gun Gaavehi Thaas Basehi Morae Praanaanaan || Rehaao ||	My breath of life resides in Him, whose praises are sung by Shiva and Sanak and so many others. ||Pause||	(ਕਿਉਂਕਿ) ਮੇਰੇ ਪ੍ਰਾਣ (ਤਾਂ) ਉਸ (ਪ੍ਰਭੂ) ਵਿਚ ਵੱਸ ਰਹੇ ਹਨ ਜਿਸ ਦੇ ਗੁਣ ਸ਼ਿਵ ਅਤੇ ਸਨਕ ਆਦਿਕ ਗਾਉਂਦੇ ਹਨ ਰਹਾਉ॥
15538	339	ਹਿਰਦੇ ਪ੍ਰਗਾਸੁ ਗਿਆਨ ਗੁਰ ਗੰਮਿਤ ਗਗਨ ਮੰਡਲ ਮਹਿ ਧਿਆਨਾਨਾਂ॥	(ਗੰਮਿਤ) ਬਖ਼ਸ਼ਿਆ। ਧਿਆਨਾ-ਨਾਂ	Hiradhae Pragaas Giaan Gur Ganmith Gagan Manddal Mehi Dhhiaanaanaan ||	My heart is illuminated by spiritual wisdom; meeting the Guru, I meditate in the Sky of the Tenth Gate.	ਜਦੋਂ ਦੀ ਸਤਿਗੁਰੂ ਨੇ ਉੱਚੀ ਸੂਝ ਬਖ਼ਸ਼ੀ ਹੈ, ਮੇਰੇ ਹਿਰਦੇ ਵਿਚ, (ਮਾਨੋ) ਚਾਨਣ ਹੋ ਗਿਆ ਹੈ, ਤੇ ਮੇਰਾ ਧਿਆਨ ਉੱਚੇ ਮੰਡਲਾਂ ਵਿਚ (ਭਾਵ, ਪ੍ਰਭੂ-ਚਰਨਾਂ ਵਿਚ) ਟਿਕਿਆ ਰਹਿੰਦਾ ਹੈ।
15539	339	ਬਿਖੈ ਰੋਗ ਭੈ ਬੰਧਨ ਭਾਗੇ ਮਨ ਨਿਜ ਘਰਿ ਸੁਖੁ ਜਾਨਾਨਾ॥੧॥	ਜਾਨਾਨਾ	Bikhai Rog Bhai Bandhhan Bhaagae Man Nij Ghar Sukh Jaanaanaa ||1||	The diseases of corruption, fear and bondage have run away; my mind has come to know peace in its own true home. ||1||	ਵਿਸ਼ੇ-ਵਿਕਾਰ ਆਦਿਕ ਆਤਮਕ ਰੋਗਾਂ ਤੇ ਸਹਿਮਾਂ ਦੇ ਜ਼ੰਜੀਰ ਟੁੱਟ ਗਏ ਹਨ, ਮੇਰੇ ਮਨ ਨੇ ਅੰਦਰ ਹੀ ਸੁਖ ਲੱਭ ਲਿਆ ਹੈ ॥੧॥

15540	339	ਏਕ ਸੁਮਤਿ ਰਤਿ ਜਾਨਿ ਮਾਨਿ ਪ੍ਰਭ ਦੂਸਰ ਮਨਹਿ ਨ ਆਨਾਨਾ॥	ਸੁ-ਮੱਤਿ। ਰਤਿ: ਪੋਲਾ ਬੋਲੋ। ਆਨਾ-ਨਾ	Eaek Sumath Rath Jaan Maan Prabh Dhoosar Manehi N Aanaanaa ||	Imbued with a balanced single-mindedness, I know and obey God; nothing else enters my mind.	ਮੇਰੀ ਬੁੱਧੀ ਦਾ ਪਿਆਰ ਇੱਕ ਪ੍ਰਭੂ ਵਿਚ ਹੀ ਬਣ ਗਿਆ ਹੈ। ਇੱਕ ਪ੍ਰਭੂ ਨੂੰ (ਆਸਰਾ) ਸਮਝ ਕੇ (ਤੇ ਉਸ ਵਿਚ) ਪਤੀਜ ਕੇ, ਮੈਂ ਕਿਸੇ ਹੋਰ ਨੂੰ ਹੁਣ ਮਨ ਵਿਚ ਨਹੀਂ ਲਿਆਉਂਦਾ (ਭਾਵ, ਕਿਸੇ ਹੋਰ ਦੀ ਓਟ ਨਹੀਂ ਤੱਕਦਾ)।
15541	339	ਚੰਦਨ ਬਾਸੁ ਭਏ ਮਨ ਬਾਸਨ ਤਿਆਗਿ ਘਟਿਓ ਅਭਿਮਾਨਾਨਾ॥੨॥	ਅਭਿਮਾਨਾਨਾ	Chandhan Baas Bheae Man Baasan Thiaag Ghattiou Abhimaanaanaa ||2||	My mind has become fragrant with the scent of sandalwood; I have renounced egotistical selfishness and conceit. ||2||	ਮਨ ਦੀਆਂ ਵਾਸ਼ਨਾਂ ਤਿਆਗ ਕੇ (ਮੇਰੇ ਅੰਦਰ, ਮਾਨੋ) ਚੰਦਨ ਦੀ ਸੁਗੰਧੀ ਪੈਦਾ ਹੋ ਗਈ ਹੈ, (ਮੇਰੇ ਅੰਦਰੋਂ) ਅਹੰਕਾਰ ਘਟ ਗਿਆ ਹੈ (ਭਾਵ ਮਿਟ ਗਿਆ ਹੈ) ॥੨॥
15542	339	ਜੋ ਜਨ ਗਾਇ ਧਿਆਇ ਜਸੁ ਠਾਕੁਰ ਤਾਸੁ ਪ੍ਰਭੂ ਹੈ ਥਾਨਾਨਾਂ॥	(ਥਾਨਾ-ਨਾਂ) ਨਿਵਾਸ	Jo Jan Gaae Dhhiaae Jas Thaakur Thaas Prabhoo Hai Thhaanaanaan ||	That humble being, who sings and meditates on the Praises of his Lord and Master, is the dwelling-place of God.	ਜੋ ਮਨੁੱਖ ਠਾਕੁਰ ਦਾ ਜਸ ਗਾਂਦਾ ਹੈ, ਪ੍ਰਭੂ ਨੂੰ ਧਿਆਉਂਦਾ ਹੈ, ਪ੍ਰਭੂ ਦਾ ਨਿਵਾਸ ਉਸ ਦੇ ਹਿਰਦੇ ਵਿਚ ਹੋ ਜਾਂਦਾ ਹੈ।
15543	339	ਤਿਹ ਬਡਭਾਗ ਬਸਿਓ ਮਨਿ ਜਾ ਕੈ ਕਰਮ ਪ੍ਰਧਾਨ ਮਥਾਨਾਨਾ॥੩॥	ਮੱਥਾਨਾ-ਨਾ	Thih Badd Bhaag Basiou Man Jaa Kai Karam Pradhhaan Mathhaanaanaa ||3||	He is blessed with great good fortune; the Lord abides in his mind. Good karma radiates from his forehead. ||3||	ਤੇ, ਜਿਸ ਦੇ ਮਨ ਵਿਚ ਪ੍ਰਭੂ ਵੱਸ ਪਿਆ, ਉਸ ਦੇ ਵੱਡੇ ਭਾਗ (ਸਮਝੋ), ਉਸ ਦੇ ਮੱਥੇ ਉੱਤੇ ਉੱਚੇ ਲੇਖ ਉੱਘੜ ਆਏ (ਜਾਣੋ) ॥੩॥

15544	339	ਕਾਟਿ ਸਕਤਿ ਸਿਵ ਸਹਜੁ ਪ੍ਰਗਾਸਿਓ ਏਕੈ ਏਕ ਸਮਾਨਾਨਾ॥	(ਸਕਤਿ) ਮਾਇਆ। (ਸਿਵ) ਵਾਹਿਗੁਰੂ। ਸਮਾਨਾ-ਨਾ	Kaatt Sakath Siv Sehaj Pragaasiou Eaekai Eaek Samaanaanaa ||	I have broken the bonds of Maya; the intuitive peace and poise of Shiva has dawned within me, and I am merged in oneness with the One.	ਮਾਇਆ ਦਾ ਪ੍ਰਭਾਵ ਦੂਰ ਕਰ ਕੇ, ਜਦੋਂ ਰੱਬੀ-ਜੋਤ ਦਾ ਪ੍ਰਕਾਸ਼ ਹੋ ਗਿਆ, ਤਾਂ ਸਦਾ ਨਿਰੋਲ ਇੱਕ ਪ੍ਰਭੂ ਵਿਚ ਮਨ ਲੀਨ ਰਹਿੰਦਾ ਹੈ।
15545	340	ਕਹਿ ਕਬੀਰ ਗੁਰ ਭੇਟਿ ਮਹਾ ਸੁਖ ਭ੍ਰਮਤ ਰਹੇ ਮਨੁ ਮਾਨਾਨਾਂ॥੪॥੨੩॥੭੪॥	(ਮਾਨਾ-ਨਾਂ) ਮੰਨ ਜਾਂਦਾ	Kehi Kabeer Gur Bhaett Mehaa Sukh Bhramath Rehae Man Maanaanaan ||4||23||74||	Says Kabeer, meeting the Guru, I have found absolute peace. My mind has ceased its wanderings; I am happy. ||4||23||74||	ਕਬੀਰ ਆਖਦਾ ਹੈ, ਸਤਿਗੁਰੂ ਨੂੰ ਮਿਲ ਕੇ ਉੱਚਾ ਸੁਖ ਪ੍ਰਾਪਤ ਹੁੰਦਾ ਹੈ, ਭਟਕਣਾ ਮੁੱਕ ਜਾਂਦੀ ਹੈ ਤੇ ਮਨ (ਪ੍ਰਭੂ ਵਿਚ) ਗਿੱਝ ਜਾਂਦਾ ਹੈ ॥੪॥੨੩॥੭੪॥
15546	340	ਰਾਗੁ ਗਉੜੀ ਪੂਰਬੀ ਬਾਵਨ ਅਖਰੀ ਕਬੀਰ ਜੀਉ ਕੀ		Raag Gourree Poorabee Baavan Akharee Kabeer Jeeo Kee	Raag Gauree Poorbee, Baawan Akhree Of Kabeer Jee:	ਰਾਗ ਗਉੜੀ-ਪੂਰਬੀ ਵਿੱਚ ਭਗਤ ਕਬੀਰ ਜੀ ਦੀ ਬਾਣੀ 'ਬਾਵਨ ਅਖਰੀ'।
15547	340	ੴ ਸਤਿਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ॥		Ik Oankaar Sathinaam Karathaa Purakh Guraprasaadh ||	One Universal Creator God. Truth Is The Name. Creative Being Personified. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ, ਜੋ ਸ੍ਰਿਸ਼ਟੀ ਦਾ ਰਚਨਹਾਰ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

15548	340	ਬਾਵਨ ਅਛਰ ਲੋਕ ਤ੍ਰੈ ਸਭੁ ਕਛੁ ਇਨ ਹੀ ਮਾਹਿ॥	(ਤ੍ਰੈ) ਤਿੰਨ	Baavan Ashhar Lok Thrai Sabh Kashh Ein Hee Maahi ||	Through these fifty-two letters, the three worlds and all things are described.	ਬਵੰਜਾ ਅੱਖਰ (ਭਾਵ, ਲਿਪੀਆਂ ਦੇ ਅੱਖਰ) ਸਾਰੇ ਜਗਤ ਵਿਚ (ਵਰਤੇ ਜਾ ਰਹੇ ਹਨ), ਜਗਤ ਦਾ ਸਾਰਾ ਵਰਤਾਰਾ ਇਹਨਾਂ (ਲਿਪੀਆਂ ਦੇ) ਅੱਖਰਾਂ ਦੀ ਰਾਹੀਂ ਚੱਲ ਰਿਹਾ ਹੈ।
15549	340	ਏ ਅਖਰ ਖਿਰਿ ਜਾਹਿਗੇ ਓਇ ਅਖਰ ਇਨ ਮਹਿ ਨਾਹਿ॥੧॥	(ਏ ਅੱਖਰ) ਅਕਾਰ। (ਓਇ ਅੱਖਰ) ਪ੍ਰਮੇਸ਼ਰ	Eae Akhar Khir Jaahigae Oue Akhar Ein Mehi Naahi ||1||	These letters shall perish; they cannot describe the Imperishable Lord. ||1||	ਪਰ ਇਹ ਅੱਖਰ ਨਾਸ ਹੋ ਜਾਣਗੇ (ਭਾਵ, ਜਿਵੇਂ ਜਗਤ ਨਾਸਵੰਤ ਹੈ, ਜਗਤ ਵਿਚ ਵਰਤੀ ਜਾਣ ਵਾਲੀ ਹਰੇਕ ਚੀਜ਼ ਭੀ ਨਾਸਵੰਤ ਹੈ, ਬੋਲੀਆਂ ਭੀ ਨਾਸਵੰਤ ਹਨ, ਤੇ ਬੋਲੀਆਂ ਵਿਚ ਵਰਤੇ ਜਾਣ ਵਾਲੇ ਅੱਖਰ ਭੀ ਨਾਸਵੰਤ ਹਨ)। ਅਕਾਲ ਪੁਰਖ ਨਾਲ ਮਿਲਾਪ ਜਿਸ ਸ਼ਕਲ ਵਿਚ ਅਨੁਭਵ ਹੁੰਦਾ ਹੈ, ਉਹਦੇ ਬਿਆਨ ਕਰਨ ਲਈ ਕੋਈ ਅੱਖਰ ਅਜਿਹੇ ਨਹੀਂ ਹਨ ਜੋ ਇਹਨਾਂ ਅੱਖਰਾਂ ਵਿਚ ਆ ਸਕਣ ॥੧॥
15550	340	ਜਹਾ ਬੋਲ ਤਹ ਅਛਰ ਆਵਾ॥	(ਅੱਛਰ) ਅਕਾਰ	Jehaa Bol Theh Ashhar Aavaa ||	Wherever there is speech, there are letters.	ਜੋ ਵਰਤਾਰਾ ਬਿਆਨ ਕੀਤਾ ਜਾ ਸਕਦਾ ਹੈ, ਅੱਖਰ (ਕੇਵਲ) ਉਥੇ (ਹੀ) ਵਰਤੇ ਜਾਂਦੇ ਹਨ;

15551	340	ਜਹ ਅਬੋਲ ਤਹ ਮਨੁ ਨ ਰਹਾਵਾ॥		Jeh Abol Theh Man N Rehaavaa ||	Where there is no speech, there, the mind rests on nothing.	ਜੋ ਅਵਸਥਾ ਬਿਆਨ ਤੋਂ ਪਰੇ ਹੈ (ਭਾਵ, ਜਦੋਂ ਅਕਾਲ ਪੁਰਖ ਵਿਚ ਲੀਨਤਾ ਹੁੰਦੀ ਹੈ) ਉਥੇ (ਬਿਆਨ ਕਰਨ ਵਾਲਾ) ਮਨ (ਆਪ ਹੀ) ਨਹੀਂ ਰਹਿ ਜਾਂਦਾ।
15552	340	ਬੋਲ ਅਬੋਲ ਮਧਿ ਹੈ ਸੋਈ॥		Bol Abol Madhh Hai Soee ||	He is in both speech and silence.	ਜਿਥੇ ਅੱਖਰ ਵਰਤੇ ਜਾ ਸਕਦੇ ਹਨ (ਭਾਵ, ਜੋ ਅਵਸਥਾ ਬਿਆਨ ਕੀਤੀ ਜਾ ਸਕਦੀ ਹੈ) ਤੇ ਜਿਸ ਹਾਲਤ ਦਾ ਬਿਆਨ ਨਹੀਂ ਹੋ ਸਕਦਾ (ਭਾਵ, ਪਰਮਾਤਮਾ ਵਿਚ ਲੀਨਤਾ ਦੀ ਅਵਸਥਾ)-ਇਹਨੀਂ (ਦੋਹੀਂ) ਥਾਈਂ ਪਰਮਾਤਮਾ ਆਪ ਹੀ ਹੈ,
15553	340	ਜਸ ਓਹੁ ਹੈ ਤਸ ਲਖੈ ਨ ਕੋਈ॥੨॥	ਲਖੈ: ਪੋਲਾ ਬੋਲੋ	Jas Ouhu Hai Thas Lakhai N Koee ||2||	No one can know Him as He is. ||2||	ਅਤੇ ਜਿਹੋ ਜਿਹਾ ਉਹ (ਪਰਮਾਤਮਾ) ਹੈ ਤਿਹੋ ਜਿਹਾ (ਹੂ-ਬ-ਹੂ) ਕੋਈ ਬਿਆਨ ਨਹੀਂ ਕਰ ਸਕਦਾ ॥੨॥
15554	340	ਅਲਹ ਲਹਉ ਤਉ ਕਿਆ ਕਹਉ ਕਹਉ ਤ ਕੋ ਉਪਕਾਰ॥	ਅੱਲਹ	Aleh Leho Tho Kiaa Keho Keho Th Ko Oupakaar ||	If I come to know the Lord, what can I say; what good does it do to speak?	ਜੇ ਉਸ ਅਲੱਭ (ਪਰਮਾਤਮਾ) ਨੂੰ ਮੈਂ ਲੱਭ (ਭੀ) ਲਵਾਂ ਤਾਂ ਮੈਂ (ਉਸ ਦਾ ਸਹੀ ਸਰੂਪ) ਬਿਆਨ ਨਹੀਂ ਕਰ ਸਕਦਾ; ਜੇ (ਕੁਝ) ਬਿਆਨ ਕਰਾਂ ਭੀ ਤਾਂ ਉਸ ਦਾ ਕਿਸੇ ਨੂੰ ਲਾਭ ਨਹੀਂ ਹੋ ਸਕਦਾ।

15555	340	ਬਟਕ ਬੀਜ ਮਹਿ ਰਵਿ ਰਹਿਓ ਜਾ ਕੋ ਤੀਨਿ ਲੋਕ ਬਿਸਥਾਰ॥੩॥	(ਬਟਕ) ਬੋਹੜ	Battak Beej Mehi Rav Rehiou Jaa Ko Theen Lok Bisathhaar ||3||	He is contained in the seed of the banyan-tree, and yet, His expanse spreads across the three worlds. ||3||	(ਉਂਞ) ਜਿਸ ਪਰਮਾਤਮਾ ਦਾ ਇਹ ਤਿੰਨੇ ਲੋਕ (ਭਾਵ, ਸਾਰਾ ਜਗਤ) ਪਸਾਰਾ ਹਨ, ਉਹ ਇਸ ਵਿਚ ਇਉਂ ਵਿਆਪਕ ਹੈ ਜਿਵੇਂ ਬੋਹੜ (ਦਾ ਰੁੱਖ) ਬੀਜ ਵਿਚ (ਅਤੇ ਬੀਜ, ਬੋਹੜ ਵਿਚ) ਹੈ ॥੩॥
15556	340	ਅਲਹ ਲਹੰਤਾ ਭੇਦ ਛੈ ਕਛੁ ਕਛੁ ਪਾਇਓ ਭੇਦ॥		Aleh Lehanthaa Bhaedh Shhai Kashh Kashh Paaeiou Bhaedh ||	One who knows the Lord understands His mystery, and bit by bit, the mystery disappears.	ਪਰਮਾਤਮਾ ਨੂੰ ਮਿਲਣ ਦਾ ਜਤਨ ਕਰਦਿਆਂ ਕਰਦਿਆਂ (ਮੇਰੀ) ਦੁਬਿਧਾ ਦਾ ਨਾਸ ਹੋ ਗਿਆ ਹੈ, ਅਤੇ (ਦੁਬਿਧਾ ਦਾ ਨਾਸ ਹੋਇਆਂ ਮੈਂ ਪਰਮਾਤਮਾ ਦਾ) ਕੁਝ ਕੁਝ ਰਾਜ਼ ਸਮਝ ਲਿਆ ਹੈ।
15557	340	ਉਲਟਿ ਭੇਦ ਮਨੁ ਬੇਧਿਓ ਪਾਇਓ ਅਭੰਗ ਅਛੇਦ॥੪॥		Oulatt Bhaedh Man Baedhhiou Paaeiou Abhang Ashhaedh ||4||	Turning away from the world, one's mind is pierced through with this mystery, and one obtains the Indestructible, Impenetrable Lord. ||4||	ਦੁਬਿਧਾ ਨੂੰ ਉਲਟਿਆਂ (ਮੇਰਾ) ਮਨ (ਪਰਮਾਤਮਾ ਵਿਚ) ਵਿੱਝ ਗਿਆ ਹੈ ਅਤੇ ਮੈਂ ਉਸ ਅਬਿਨਾਸ਼ੀ ਤੇ ਅਵਿੱਝ ਪ੍ਰਭੂ ਨੂੰ ਪ੍ਰਾਪਤ ਕਰ ਲਿਆ ਹੈ ॥੪॥
15558	340	ਤੁਰਕ ਤਰੀਕਤਿ ਜਾਨੀਐ ਹਿੰਦੂ ਬੇਦ ਪੁਰਾਨ॥	(ਤਰੀਕਤਿ) ਸ਼ਰਾ ਦੇ ਨਿਯਮਾ ਦੀ ਪੁਸਤਕ	Thurak Thareekath Jaaneeai Hindhoo Baedh Puraan ||	The Muslim knows the Muslim way of life; the Hindu knows the Vedas and Puraanas.	ਤਾਹੀਏਂ (ਚੰਗਾ) ਮੁਸਲਮਾਨ ਉਸ ਨੂੰ ਸਮਝਿਆ ਜਾਂਦਾ ਹੈ ਜੋ ਤਰੀਕਤ ਵਿਚ ਲੱਗਾ ਹੋਵੇ, ਅਤੇ (ਚੰਗਾ) ਹਿੰਦੂ ਉਸ ਨੂੰ, ਜੋ ਵੇਦਾਂ ਪੁਰਾਨਾਂ ਦੀ ਖੋਜ ਕਰਦਾ ਹੋਵੇ।

15559	340	ਮਨ ਸਮਝਾਵਨ ਕਾਰਨੇ ਕਛੂਅਕ ਪੜੀਐ ਗਿਆਨ॥੫॥	(ਕਛੂਅਕ) ਥੋੜਾ ਬਹੁਤ	Man Samajhaavan Kaaranae Kashhooak Parreeai Giaan ||5||	To instruct their minds, people ought to study some sort of spiritual wisdom. ||5||	(ਦੁਬਿਧਾ ਨੂੰ ਮਿਟਾ ਕੇ ਪ੍ਰਭੂ-ਚਰਨਾਂ ਵਿਚ ਜੁੜੇ ਰਹਿਣ ਲਈ) ਮਨ ਨੂੰ ਉੱਚੇ ਜੀਵਨ ਦੀ ਸੂਝ ਦੇਣ ਵਾਸਤੇ (ਉੱਚੀ) ਵਿਚਾਰ ਵਾਲੀ ਬਾਣੀ ਥੋੜ੍ਹੀ ਬਹੁਤ ਪੜ੍ਹਨੀ ਜ਼ਰੂਰੀ ਹੈ ॥੫॥
15560	340	ਓਅੰਕਾਰ ਆਦਿ ਮੈ ਜਾਨਾ॥		Ouankaar Aadh Mai Jaanaa ||	I know only the One, the Universal Creator, the Primal Being.	ਜੋ ਇੱਕ-ਰਸ ਸਭ ਥਾਂ ਵਿਆਪਕ ਪਰਮਾਤਮਾ ਸਭ ਨੂੰ ਬਣਾਉਣ ਵਾਲਾ ਹੈ, ਮੈਂ ਉਸ ਨੂੰ ਅਬਿਨਾਸੀ ਸਮਝਦਾ ਹਾਂ;
15561	340	ਲਿਖਿ ਅਰੁ ਮੇਟੈ ਤਾਹਿ ਨ ਮਾਨਾ॥		Likh Ar Maettai Thaahi N Maanaa ||	I do not believe in anyone whom the Lord writes and erases.	ਹੋਰ ਜਿਸ ਵਿਅੱਕਤੀ ਨੂੰ ਉਹ ਪ੍ਰਭੂ ਪੈਦਾ ਕਰਦਾ ਹੈ ਤੇ ਫਿਰ ਮਿਟਾ ਦੇਂਦਾ ਹੈ ਉਸ ਨੂੰ ਮੈਂ (ਪਰਮਾਤਮਾ ਦੇ ਤੁੱਲ) ਨਹੀਂ ਮੰਨਦਾ।
15562	340	ਓਅੰਕਾਰ ਲਖੈ ਜਉ ਕੋਈ॥		Ouankaar Lakhai Jo Koee ||	If someone knows the One, the Universal Creator,	ਜੇ ਕੋਈ ਮਨੁੱਖ ਉਸ ਸਰਬ-ਵਿਆਪਕ ਪਰਮਾਤਮਾ ਨੂੰ ਸਮਝ ਲਏ (ਭਾਵ, ਆਪਣੇ ਅੰਦਰ ਅਨੁਭਵ ਕਰ ਲਏ)
15563	340	ਸੋਈ ਲਖਿ ਮੇਟਣਾ ਨ ਹੋਈ॥੬॥		Soee Lakh Maettanaa N Hoee ||6||	He shall not perish, since he knows Him. ||6||	ਤਾਂ ਉਸ ਨੂੰ ਸਮਝਿਆਂ (ਉਸ ਮਨੁੱਖ ਦੀ ਉਸ ਉੱਚੀ ਆਤਮਕ ਸੁਰਤ ਦਾ) ਨਾਸ ਨਹੀਂ ਹੁੰਦਾ ॥੬॥
15564	340	ਕਕਾ ਕਿਰਣਿ ਕਮਲ ਮਹਿ ਪਾਵਾ॥	ਗੁਰੂ ਬਚਨ ਰੂਪੀ ਕਿਰਣਿ ਨੂੰ ਹਿਰਦੇ ਕਮਲ ਚ	Kakaa Kiran Kamal Mehi Paavaa ||	KAKKA: When the rays of Divine Light come into the heart-lotus,	ਜੇ ਮੈਂ (ਗਿਆਨ-ਰੂਪ ਸੂਰਜ ਦੀ) ਕਿਰਨ (ਹਿਰਦੇ-ਰੂਪ) ਕੌਲ-ਫੁੱਲ ਵਿਚ ਟਿਕਾ ਲਵਾਂ,

15565	340	ਸਸਿ ਬਿਗਾਸ ਸੰਪਟ ਨਹੀ ਆਵਾ॥	ਮਾਇਆ ਰੂਪੀ (ਸਸਿ) ਚੰਦ੍ਰਮਾ ਦੀ (ਬਿਗਾਸ) ਚਾਨਣੀ ਨਾਲ (ਸੰਪਟ) ਮਿਚਦਾ ਨਹੀਂ	Sas Bigaas Sanpatt Nehee Aavaa ||	The moon-light of Maya cannot enter the basket of the mind.	ਤਾਂ (ਮਾਇਆ-ਰੂਪ) ਚੰਦ੍ਰਮਾ ਦੀ ਚਾਨਣੀ ਨਾਲ, ਉਹ (ਖਿੜਿਆ ਹੋਇਆ ਹਿਰਦਾ-ਫੁੱਲ) (ਮੁੜ) ਮੀਟਿਆ ਨਹੀਂ ਜਾਂਦਾ।
15566	340	ਅਰੁ ਜੇ ਤਹਾ ਕੁਸਮ ਰਸੁ ਪਾਵਾ॥	(ਕੁਸਮ) ਹਿਰਦਾ ਕਮਲ	Ar Jae Thehaa Kusam Ras Paavaa ||	And if one obtains the subtle fragrance of that spiritual flower,	ਅਤੇ ਜੇ ਕਦੇ ਮੈਂ ਉਸ ਖਿੜਾਉ ਦੀ ਹਾਲਤ ਵਿਚ (ਅੱਪੜ ਕੇ) (ਉਸ ਖਿੜੇ ਹੋਏ ਹਿਰਦੇ-ਰੂਪ ਕੌਲ) ਫੁੱਲ ਦਾ ਆਨੰਦ (ਭੀ) ਮਾਣ ਸਕਾਂ,
15567	340	ਅਕਹ ਕਹਾ ਕਹਿ ਕਾ ਸਮਝਾਵਾ॥੭॥	ਅ-ਕਹ	Akeh Kehaa Kehi Kaa Samajhaavaa ||7||	He cannot describe the indescribable; he could speak, but who would understand? ||7||	ਤਾਂ ਉਸ ਦਾ ਬਿਆਨ ਕਥਨ ਤੋਂ ਪਰੇ ਹੈ। ਉਹ ਮੈਂ ਆਖ ਕੇ ਕੀਹ ਸਮਝਾ ਸਕਦਾ ਹਾਂ? ॥੭॥
15568	340	ਖਖਾ ਇਹੈ ਖੋੜਿ ਮਨ ਆਵਾ॥	ਅੰਤਰਮੁਖ ਰੂਪੀ (ਖੋੜਿ) ਖੁੱਡ	Khakhaa Eihai Khorr Man Aavaa ||	KHAKHA: The mind has entered this cave.	ਜਦੋਂ ਇਹ ਮਨ (-ਪੰਛੀ ਜਿਸ ਨੂੰ ਗਿਆਨ-ਕਿਰਨ ਮਿਲ ਚੁੱਕੀ ਹੈ) ਸ੍ਵੈ-ਸਰੂਪ ਦੀ ਖੋੜ ਵਿਚ (ਭਾਵ, ਪ੍ਰਭੂ-ਚਰਨਾਂ ਵਿਚ) ਆ ਟਿਕਦਾ ਹੈ,
15569	340	ਖੋੜੇ ਛਾਡਿ ਨ ਦਹ ਦਿਸ ਧਾਵਾ॥		Khorrae Shhaadd N Dheh Dhis Dhhaavaa ||	It does not leave this cave to wander in the ten directions.	ਤਾਂ ਇਸ ਆਹਲਣੇ (ਭਾਵ, ਪ੍ਰਭੂ-ਚਰਨਾਂ) ਨੂੰ ਛੱਡ ਕੇ ਦਸੀਂ ਪਾਸੀਂ ਨਹੀਂ ਦੌੜਦਾ।
15570	340	ਖਸਮਹਿ ਜਾਣਿ ਖਿਮਾ ਕਰਿ ਰਹੈ॥		Khasamehi Jaan Khimaa Kar Rehai ||	Knowing their Lord and Master, people show compassion;	ਖਸਮ-ਪ੍ਰਭੂ ਨਾਲ ਸਾਂਝ ਪਾ ਕੇ ਖਿਮਾ ਦੇ ਸੋਮੇ ਪ੍ਰਭੂ ਵਿਚ ਟਿਕਿਆ ਰਹਿੰਦਾ ਹੈ,

15571	340	ਤਉ ਹੋਇ ਨਿਖਿਅਉ ਅਖੈ ਪਦੁ ਲਹੈ॥੮॥	(ਨਿ-ਖਿਅਉ) ਨਾਸ ਨਹੀਂ ਹੁੰਦਾ। (ਅਖੈ) ਨਾਸ ਰਹਿਤ	Tho Hoe Nikhiao Akhai Padh Lehai ||8||	Then, they become immortal, and attain the state of eternal dignity. ||8||	ਤੇ ਤਦੋਂ ਅਵਿਨਾਸ਼ੀ (ਪ੍ਰਭੂ ਨਾਲ ਇੱਕ-ਰੂਪ) ਹੋ ਕੇ ਉਹ ਪਦਵੀ ਪ੍ਰਾਪਤ ਕਰ ਲੈਂਦਾ ਹੈ ਜੋ ਕਦੇ ਨਾਸ ਨਹੀਂ ਹੁੰਦੀ ॥੮॥
15572	340	ਗਗਾ ਗੁਰ ਕੇ ਬਚਨ ਪਛਾਨਾ॥		Gagaa Gur Kae Bachan Pashhaanaa ||	GAGGA: One who understands the Guru's Word	ਜਿਸ ਮਨੁੱਖ ਨੇ ਸਤਿਗੁਰੂ ਦੀ ਬਾਣੀ ਦੀ ਰਾਹੀਂ ਪਰਮਾਤਮਾ ਨਾਲ ਸਾਂਝ ਪਾ ਲਈ ਹੈ,
15573	340	ਦੂਜੀ ਬਾਤ ਨ ਧਰਈ ਕਾਨਾ॥		Dhoojee Baath N Dhharee Kaanaa ||	Does not listen to anything else.	ਉਸ ਨੂੰ (ਪ੍ਰਭੂ ਦੀ ਸਿਫ਼ਤਿ-ਸਾਲਾਹ ਤੋਂ ਬਿਨਾ) ਕੋਈ ਹੋਰ ਗੱਲ ਖਿੱਚ ਨਹੀਂ ਪਾਂਦੀ।
15574	340	ਰਹੈ ਬਿਹੰਗਮ ਕਤਹਿ ਨ ਜਾਈ॥	(ਬਿਹੰਗਮ) ਪੰਛੀ, ਤਿਆਗੀ	Rehai Bihangam Kathehi N Jaaee ||	He remains like a hermit and does not go anywhere,	ਉਹ ਪੰਛੀ (ਵਾਂਗ ਸਦਾ ਨਿਰਮੋਹ) ਰਹਿੰਦਾ ਹੈ; ਕਿਤੇ ਭੀ ਭਟਕਦਾ ਨਹੀਂ;
15575	340	ਅਗਹ ਗਹੈ ਗਹਿ ਗਗਨ ਰਹਾਈ॥੯॥	ਅ-ਗਹ: ਪੋਲਾ ਬੋਲੋ	Ageh Gehai Gehi Gagan Rehaaee ||9||	When he grasps the Ungraspable Lord and dwells in the sky of the Tenth Gate. ||9||	ਜਿਸ ਪ੍ਰਭੂ ਨੂੰ ਜਗਤ ਦੀ ਮਾਇਆ ਗ੍ਰਸ ਨਹੀਂ ਸਕਦੀ, ਉਸ ਨੂੰ ਉਹ ਆਪਣੇ ਹਿਰਦੇ ਵਿਚ ਵਸਾ ਲੈਂਦਾ ਹੈ; ਹਿਰਦੇ ਵਿਚ ਵਸਾ ਕੇ ਆਪਣੀ ਸੁਰਤ ਨੂੰ ਪ੍ਰਭੂ-ਚਰਨਾਂ ਵਿਚ ਟਿਕਾਈ ਰੱਖਦਾ ਹੈ (ਜਿਵੇਂ ਚੋਗ ਨਾਲ ਪੇਟ ਭਰ ਕੇ ਪੰਛੀ ਮੌਜ ਵਿਚ ਆ ਕੇ ਉੱਚਾ ਅਕਾਸ਼ ਵਿਚ ਤਾਰੀਆਂ ਲਾਂਦਾ ਹੈ) ॥੯॥
15576	340	ਘਘਾ ਘਟਿ ਘਟਿ ਨਿਮਸੈ ਸੋਈ॥	(ਨਿਮਸੈ) ਨਿਵਾਸ। ਘਟਿ ਘਟਿ: ਪੋਲੇ ਬੋਲੋ	Ghaghaa Ghatt Ghatt Nimasai Soee ||	GHAGHA: He dwells in each and every heart.	ਹਰੇਕ ਸਰੀਰ ਵਿਚ ਉਹ ਪ੍ਰਭੂ ਹੀ ਵੱਸਦਾ ਹੈ।

15577	340	ਘਟ ਫੂਟੇ ਘਟਿ ਕਬਹਿ ਨ ਹੋਈ॥	ਘਟ: ਪੋਲਾ ਬੋਲੋ। ਘੱਟਿ	Ghatt Foottae Ghatt Kabehi N Hoee ||	Even when the body-pitcher bursts, he does not diminish.	ਜੇ ਕੋਈ ਸਰੀਰ (-ਰੂਪ ਘੜਾ) ਭੱਜ ਜਾਏ ਤਾਂ ਕਦੇ ਪ੍ਰਭੂ ਦੀ ਹੋਂਦ ਵਿਚ ਕੋਈ ਘਾਟਾ ਨਹੀਂ ਪੈਂਦਾ।
15578	340	ਤਾ ਘਟ ਮਾਹਿ ਘਾਟ ਜਉ ਪਾਵਾ॥	(ਘਾਟ) ਆਤਮਾ ਸਥਾਨ	Thaa Ghatt Maahi Ghaatt Jo Paavaa ||	When someone finds the Path to the Lord within his own heart,	ਜਦੋਂ (ਕੋਈ ਜੀਵ) ਇਸ ਸਰੀਰ ਦੇ ਅੰਦਰ ਹੀ (ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ) ਪੱਤਣ ਲੱਭ ਲੈਂਦਾ ਹੈ,
15579	340	ਸੋ ਘਟੁ ਛਾਡਿ ਅਵਘਟ ਕਤ ਧਾਵਾ॥੧੦॥	ਅਵਘਟ:ਪੋਲਾ ਬੋਲੋ। (ਅਵਘਟ) ਔਖੇ ਸਥਾਨ ਔਗੁਣਾ ਵਿਕਾਰਾਂਦੇ	So Ghatt Shhaadd Avaghatt Kath Dhhaavaa ||10||	Why should he abandon that Path to follow some other path? ||10||	ਤਾਂ ਇਸ ਪੱਤਣ ਨੂੰ ਛੱਡ ਕੇ ਉਹ ਖੱਡਾਂ ਵਿਚ ਕਿਤੇ ਨਹੀਂ ਭਟਕਦਾ ਫਿਰਦਾ ॥੧੦॥
15580	340	ਙੰਙਾ ਨਿਗ੍ਰਹਿ ਸਨੇਹੁ ਕਰਿ ਨਿਰਵਾਰੋ ਸੰਦੇਹ॥	ਮਨ ਇੰਦ੍ਰੀਆਂ ਨੂੰ (ਨਿ-ਗ੍ਰਹਿ) ਰੋਕਣ ਚ (ਸਨੇਹੁ) ਪ੍ਰੇਮ। (ਨਿਰਵਾਰੋ) ਦੂਰ ਕਰੋ	N(g)ann(g)aa Nigrehi Sanaehu Kar Niravaaro Sandhaeh ||	NGANGA: Restrain yourself, love the Lord, and dismiss your doubts.	(ਹੇ ਭਾਈ! ਆਪਣੇ ਇੰਦ੍ਰਿਆਂ ਨੂੰ) ਚੰਗੀ ਤਰ੍ਹਾਂ ਰੋਕ, (ਪ੍ਰਭੂ ਨਾਲ) ਪਿਆਰ ਬਣਾ, ਤੇ ਸਿਦਕ-ਹੀਨਤਾ ਦੂਰ ਕਰ।
15581	340	ਨਾਹੀ ਦੇਖਿ ਨ ਭਾਜੀਐ ਪਰਮ ਸਿਆਨਪ ਏਹ॥੧੧॥		Naahee Dhaekh N Bhaajeeai Param Siaanap Eaeh ||11||	Even if you do not see the Path, do not run away; this is the highest wisdom. ||11||	(ਇਹ ਕੰਮ ਔਖਾ ਜ਼ਰੂਰ ਹੈ, ਪਰ) ਇਸ ਖ਼ਿਆਲ ਕਰਕੇ ਕਿ ਇਹ ਕੰਮ ਨਹੀਂ ਹੋ ਸਕਦਾ (ਇਸ ਕੰਮ ਵਲੋਂ) ਭੱਜ ਨਹੀਂ ਜਾਣਾ ਚਾਹੀਦਾ-(ਬੱਸ) ਸਭ ਤੋਂ ਵੱਡੀ ਅਕਲ (ਦੀ ਗੱਲ) ਇਹੀ ਹੈ ॥੧੧॥
15582	340	ਚਚਾ ਰਚਿਤ ਚਿਤ੍ਰ ਹੈ ਭਾਰੀ॥	ਸੰਸਾਰ ਰੂਪੀ ਚਿਤ੍ਰ। ਚੱਚਾ ਰਚਿ-ਤ	Chachaa Rachith Chithr Hai Bhaaree ||	CHACHA: He painted the great picture of the world.	(ਪ੍ਰਭੂ ਦਾ) ਬਣਾਇਆ ਹੋਇਆ ਇਹ ਜਗਤ (ਮਾਨੋ) ਇਕ ਬਹੁਤ ਵੱਡੀ ਤਸਵੀਰ ਹੈ।

15583	340	ਤਜਿ ਚਿਤ੍ਰੈ ਚੇਤਹੁ ਚਿਤਕਾਰੀ॥	(ਚਿਤਕਾਰੀ) ਚਿਤ੍ਰਕਾਰ	Thaj Chithrai Chaethahu Chithakaaree ||	Forget this picture, and remember the Painter.	(ਹੇ ਭਾਈ!) ਇਸ ਤਸਵੀਰ (ਦੇ ਮੋਹ) ਨੂੰ ਛੱਡ ਕੇ ਤਸਵੀਰ ਬਣਾਉਣ ਵਾਲੇ ਨੂੰ ਚੇਤੇ ਰੱਖ;
15584	340	ਚਿਤ੍ਰ ਬਚਿਤ੍ਰ ਇਹੈ ਅਵਝੇਰਾ॥	(ਅਵਝੇਰਾ) ਝਗੜਾ। ਚਿੱਤ੍ਰ ਬ-ਚਿੱਤ੍ਰ	Chithr Bachithr Eihai Avajhaeraa ||	This wondrous painting is now the problem.	(ਕਿਉਂਕਿ ਵੱਡਾ) ਝੰਬੇਲਾ ਇਹ ਹੈ ਕਿ ਇਹ (ਸੰਸਾਰ-ਰੂਪ) ਤਸਵੀਰ ਮਨ ਨੂੰ ਮੋਹ ਲੈਣ ਵਾਲੀ ਹੈ।
15585	340	ਤਜਿ ਚਿਤ੍ਰੈ ਚਿਤੁ ਰਾਖਿ ਚਿਤੇਰਾ॥੧੨॥	(ਚਿਤੇਰਾ) ਚਿਤ੍ਰ ਬਣਾਉਣ ਵਾਲਾ	Thaj Chithrai Chith Raakh Chithaeraa ||12||	Forget this picture and focus your consciousness on the Painter. ||12||	(ਸੋ, ਇਸ ਮੋਹ ਤੋਂ ਬਚਣ ਲਈ) ਤਸਵੀਰ (ਦਾ ਖ਼ਿਆਲ) ਛੱਡ ਕੇ ਤਸਵੀਰ ਬਣਾਉਣ ਵਾਲੇ ਵਿਚ ਆਪਣੇ ਚਿੱਤ ਨੂੰ ਪ੍ਰੋ ਰੱਖ ॥੧੨॥
15586	340	ਛਛਾ ਇਹੈ ਛਤ੍ਰਪਤਿ ਪਾਸਾ॥	(ਛਤ੍ਰ-ਪਤਿ) ਚੱਕ੍ਰਵਰਤੀਰਾਜਾ	Shhashhaa Eihai Shhathrapath Paasaa ||	CHHACHHA: The Sovereign Lord of the Universe is here with you.	ਜੋ (ਸਭ ਦਾ) ਪਾਤਸ਼ਾਹ ਹੈ ਇਸ (ਚਿਤ੍ਰਕਾਰ ਪ੍ਰਭੂ) ਦੇ ਪਾਸ-
15587	340	ਛਕਿ ਕਿ ਨ ਰਹਹੁ ਛਾਡਿ ਕਿ ਨ ਆਸਾ॥	(ਛੱਕਿ) ਪ੍ਰਸੰਨਤਾ। ਆੱਸਾ	Shhak K N Rehahu Shhaadd K N Aasaa ||	Why are you so unhappy? Why don't you abandon your desires?	(ਹੇ ਮੇਰੇ ਮਨ! ਹੋਰ) ਆਸਾਂ ਛੱਡ ਕੇ ਤਕੜਾ ਹੋ ਕੇ ਕਿਉਂ ਨਹੀਂ ਰਹਿੰਦਾ?
15588	340	ਰੇ ਮਨ ਮੈ ਤਉ ਛਿਨ ਛਿਨ ਸਮਝਾਵਾ॥		Rae Man Mai Tho Shhin Shhin Samajhaavaa ||	O my mind, each and every moment I try to instruct you,	ਹੇ ਮਨ! ਮੈਂ ਤੈਨੂੰ ਹਰ ਵੇਲੇ ਸਮਝਾਉਂਦਾ ਹਾਂ,

15589	340	ਤਾਹਿ ਛਾਡਿ ਕਤ ਆਪੁ ਬਧਾਵਾ॥੧੩॥		Thaahi Shhaadd Kath Aap Badhhaavaa ||13||	But you forsake Him, and entangle yourself with others. ||13||	ਕਿ ਉਸ (ਚਿਤ੍ਰਕਾਰ) ਨੂੰ ਵਿਸਾਰ ਕੇ ਕਿਥੇ (ਉਸ ਦੇ ਬਣਾਏ ਹੋਏ ਚਿੱਤ੍ਰ ਵਿਚ) ਤੂੰ ਆਪਣੇ ਆਪ ਨੂੰ ਜਕੜ ਰਿਹਾ ਹੈਂ ॥੧੩॥
15590	340	ਜਜਾ ਜਉ ਤਨ ਜੀਵਤ ਜਰਾਵੈ॥		Jajaa Jo Than Jeevath Jaraavai ||	JAJJA: If someone burns his body while he is still alive,	ਜਦੋਂ (ਕੋਈ ਜੀਵ) ਮਾਇਆ ਵਿਚ ਰਹਿੰਦਾ ਹੋਇਆ ਹੀ ਸਰੀਰ (ਦੀਆਂ ਵਾਸ਼ਨਾਂ) ਸਾੜ ਲੈਂਦਾ ਹੈ,
15591	340	ਜੋਬਨ ਜਾਰਿ ਜੁਗਤਿ ਸੋ ਪਾਵੈ॥		Joban Jaar Jugath So Paavai ||	And burns away the desires of his youth, then he finds the right way.	ਉਹ ਮਨੁੱਖ ਜੁਆਨੀ (ਦਾ ਮਦ) ਸਾੜ ਕੇ ਜੀਉਣ ਦੀ (ਸਹੀ) ਜਾਚ ਸਿੱਖ ਲੈਂਦਾ ਹੈ।
15592	340	ਅਸ ਜਰਿ ਪਰ ਜਰਿ ਜਰਿ ਜਬ ਰਹੈ॥	(ਅਸ) ਅਸਾਡਾ। (ਪਰ) ਪਰਾਇਆ	As Jar Par Jar Jar Jab Rehai ||	When he burns his desire for his own wealth, and that of others,	ਜਦੋਂ ਮਨੁੱਖ ਆਪਣੇ (ਧਨ ਦੇ ਅਹੰਕਾਰ) ਨੂੰ ਤੇ ਪਰਾਈ (ਦੌਲਤ ਦੀ ਆਸ) ਨੂੰ ਸਾੜ ਕੇ ਆਪਣੇ ਵਿਤ ਵਿਚ ਰਹਿੰਦਾ ਹੈ,
15593	340	ਤਬ ਜਾਇ ਜੋਤਿ ਉਜਾਰਉ ਲਹੈ॥੧੪॥		Thab Jaae Joth Oujaaro Lehai ||14||	Then he finds the Divine Light. ||14||	ਤਦੋਂ ਉੱਚੀ ਆਤਮਕ ਅਵਸਥਾ ਵਿਚ ਅੱਪੜ ਕੇ ਪ੍ਰਭੂ ਦੀ ਜੋਤ ਦਾ ਪ੍ਰਕਾਸ਼ ਪ੍ਰਾਪਤ ਕਰਦਾ ਹੈ ॥੧੪॥
15594	341	ਝਝਾ ਉਰਝਿ ਸੁਰਝਿ ਨਹੀ ਜਾਨਾ॥		Jhajhaa Ourajh Surajh Nehee Jaanaa ||	JHAJHA: You are entangled in the world, and you do not know how to get untangled.	ਜਿਸ ਮਨੁੱਖ ਨੇ (ਚਰਚਾ ਆਦਿਕ ਵਿਚ ਪੈ ਕੇ ਨਿਕੰਮੀਆਂ) ਉਲਝਣਾਂ ਵਿਚ ਫਸਣਾ ਹੀ ਸਿੱਖਿਆ,

15595	341	ਰਹਿਓ ਝਝਕਿ ਨਾਹੀ ਪਰਵਾਨਾ॥	ਝਝ-ਕਿ:ਪੋਲਾ ਬੋਲੋ। (ਝਝਕਿ) ਰੁਕਿਆ	Rehiou Jhajhak Naahee Paravaanaa ||	You hold back in fear, and are not approved by the Lord.	ਉਲਝਣਾਂ ਵਿਚੋਂ ਨਿਕਲਣ ਦੀ ਜਾਚ ਨਾਹ ਸਿੱਖੀ, ਉਹ (ਸਾਰੀ ਉਮਰ) ਸਹੰਸਿਆਂ ਵਿਚ ਹੀ ਪਿਆ ਰਿਹਾ, (ਉਸ ਦਾ ਜੀਵਨ) ਕਬੂਲ ਨਾਹ ਹੋ ਸਕਿਆ।
15596	341	ਕਤ ਝਖਿ ਝਖਿ ਅਉਰਨ ਸਮਝਾਵਾ॥	ਝਖਿ:ਪੋਲੇ ਬੋਲੋ। (ਝਖਿ ਝਖਿ) ਖਪ ਖਪ	Kath Jhakh Jhakh Aouran Samajhaavaa ||	Why do you talk such nonsense, trying to convince others?	ਬਹਿਸਾਂ ਕਰ ਕਰ ਕੇ ਹੋਰਨਾਂ ਨੂੰ ਮੱਤਾਂ ਦੇਣ ਦਾ ਕੀਹ ਲਾਭ?
15597	341	ਝਗਰੁ ਕੀਏ ਝਗਰਉ ਹੀ ਪਾਵਾ॥੧੫॥		Jhagar Keeeae Jhagaro Hee Paavaa ||15||	Stirring up arguments, you shall only obtain more arguments. ||15||	ਚਰਚਾ ਕਰਦਿਆਂ ਆਪ ਨੂੰ ਤਾਂ ਨਿਰੀ ਚਰਚਾ ਕਰਨ ਦੀ ਹੀ ਵਾਦੀ ਪੈ ਗਈ ॥੧੫॥
15598	341	ਞੰਞਾ ਨਿਕਟਿ ਜੁ ਘਟ ਰਹਿਓ ਦੂਰਿ ਕਹਾ ਤਜਿ ਜਾਇ॥		Njannjaa Nikatt J Ghatt Rehiou Dhoor Kehaa Thaj Jaae ||	NYANYA: He dwells near you, deep within your heart; why do you leave Him and go far away?	(ਹੇ ਭਾਈ!) ਜੋ ਪ੍ਰਭੂ ਨੇੜੇ ਵੱਸ ਰਿਹਾ ਹੈ, ਜੋ ਹਿਰਦੇ ਵਿਚ ਵੱਸ ਰਿਹਾ ਹੈ, ਉਸ ਨੂੰ ਛੱਡ ਕੇ ਤੂੰ ਦੂਰ ਕਿੱਥੇ ਜਾਂਦਾ ਹੈਂ?
15599	341	ਜਾ ਕਾਰਨਿ ਜਗੁ ਢੂਢਿਅਉ ਨੇਰਉ ਪਾਇਅਉ ਤਾਹਿ॥੧੬॥	ਪਾਇਅਉ	Jaa Kaaran Jag Dtoodtiao Naero Paaeiao Thaahi ||16||	I searched the whole world for Him, but I found Him near myself. ||16||	(ਜਿਸ ਪ੍ਰਭ ਨੂੰ ਮਿਲਣ ਦੀ ਖ਼ਾਤਰ (ਅਸਾਂ ਸਾਰਾ) ਜਗਤ ਢੂੰਡਿਆ ਸੀ, ਉਸ ਨੂੰ ਨੇੜੇ ਹੀ (ਆਪਣੇ ਅੰਦਰ ਹੀ) ਲੱਭ ਲਿਆ ਹੈ ॥੧੬॥

15600	341	ਟਟਾ ਬਿਕਟ ਘਾਟ ਘਟ ਮਾਹੀ॥	ਟਟਾ:ਪੋਲਾ ਬੋਲੋ। (ਟਟਾ) ਟੈਂਕਾ। (ਬਿਕਟ) ਔਖਾ	Ttattaa Bikatt Ghaatt Ghatt Maahee ||	TATTA: It is such a difficult path, to find Him within your own heart.	(ਪ੍ਰਭੂ ਦੇ ਮਹਿਲ ਵਿਚ ਅਪੜਾਣ ਵਾਲਾ) ਔਖਾ ਪੱਤਣ ਹੈ (ਪਰ ਉਹ ਪੱਤਣ) ਹਿਰਦੇ ਵਿਚ ਹੀ ਹੈ।
15601	341	ਖੋਲਿ ਕਪਾਟ ਮਹਲਿ ਕਿ ਨ ਜਾਹੀ॥		Khol Kapaatt Mehal K N Jaahee ||	Open the doors within, and enter the Mansion of His Presence.	(ਹੇ ਭਾਈ! ਮਾਇਆ ਦੇ ਮੋਹ ਵਾਲੇ) ਕਵਾੜ ਖੋਲ੍ਹ ਕੇ ਤੂੰ ਪ੍ਰਭੂ ਦੀ ਹਜ਼ੂਰੀ ਵਿਚ ਕਿਉਂ ਨਹੀਂ ਅੱਪੜਦਾ?
15602	341	ਦੇਖਿ ਅਟਲ ਟਲਿ ਕਤਹਿ ਨ ਜਾਵਾ॥	ਅ-ਟਲ। ਟਲਿ: ਪੋਲਾ ਬੋਲੋ	Dhaekh Attal Ttal Kathehi N Jaavaa ||	Beholding the Immovable Lord, you shall not slip and go anywhere else.	(ਜਿਸ ਮਨੁੱਖ ਨੇ ਹਿਰਦੇ ਵਿਚ ਹੀ) ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਦੀਦਾਰ ਕਰ ਲਿਆ ਹੈ, ਉਹ ਡੋਲ ਕੇ ਕਿਸੇ ਹੋਰ ਪਾਸੇ ਨਹੀਂ ਜਾਂਦਾ,
15603	341	ਰਹੈ ਲਪਟਿ ਘਟ ਪਰਚਉ ਪਾਵਾ॥੧੭॥	(ਪਰਚਉ) ਪ੍ਰੇਮ	Rehai Lapatt Ghatt Paracho Paavaa ||17||	You shall remain firmly attached to the Lord, and your heart will be happy. ||17||	ਉਹ (ਪ੍ਰਭੂ-ਚਰਨਾਂ ਨਾਲ) ਸਾਂਝ ਪਾ ਲੈਂਦਾ ਹੈ ॥੧੭॥
15604	341	ਠਠਾ ਇਹੈ ਦੂਰਿ ਠਗ ਨੀਰਾ॥	ਠੱਠਾ। ਠੱਗ	Thathaa Eihai Dhoor Thag Neeraa ||	T'HAT'HA: Keep yourself far away from this mirage.	ਇਹ ਮਾਇਆ ਇਉਂ ਹੈ ਜਿਵੇਂ ਦੂਰੋਂ ਵੇਖਿਆਂ ਉਹ ਰੇਤਾ ਜੋ ਪਾਣੀ ਜਾਪਦਾ ਹੈ।
15605	341	ਨੀਠਿ ਨੀਠਿ ਮਨੁ ਕੀਆ ਧੀਰਾ॥	(ਨੀਠਿ) ਸਹਿਜੇ ਸਹਿਜੇ	Neeth Neeth Man Keeaa Dhheeraa ||	With great difficulty, I have calmed my mind.	ਸੋ ਮੈਂ ਗਹੁ ਨਾਲ (ਇਸ ਮਾਇਆ ਦੀ ਅਸਲੀਅਤ) ਤੱਕ ਕੇ ਮਨ ਨੂੰ ਧੀਰਜਵਾਨ ਬਣਾ ਲਿਆ ਹੈ (ਭਾਵ, ਮਨ ਨੂੰ ਇਸ ਦੇ ਪਿਛੇ ਦੌੜਨੋਂ ਬਚਾ ਲਿਆ ਹੈ)।

15606	341	ਜਿਨਿ ਠਗਿ ਠਗਿਆ ਸਗਲ ਜਗੁ ਖਾਵਾ॥		Jin Thag Thagiaa Sagal Jag Khaavaa ||	That cheater, who cheated and devoured the whole world	ਜਿਸ (ਮਾਇਕ ਮੋਹ ਰੂਪ) ਠੱਗ ਕੇ ਸਾਰੇ ਜਗਤ ਨੂੰ ਭੁਲੇਖੇ ਵਿਚ ਪਾ ਦਿੱਤਾ ਹੈ, ਸਾਰੇ ਜਗਤ ਨੂੰ ਆਪਣੇ ਵੱਸ ਵਿਚ ਕਰ ਲਿਆ ਹੈ,
15607	341	ਸੋ ਠਗੁ ਠਗਿਆ ਠਉਰ ਮਨੁ ਆਵਾ॥੧੮॥		So Thag Thagiaa Thour Man Aavaa ||18||	- I have cheated that cheater, and my mind is now at peace. ||18||	ਉਸ (ਮੋਹ-) ਠੱਗ ਨੂੰ ਕਾਬੂ ਕੀਤਿਆਂ ਮੇਰਾ ਮਨ ਇਕ ਟਿਕਾਣੇ ਤੇ ਆ ਗਿਆ ਹੈ ॥੧੮॥
15608	341	ਡਡਾ ਡਰ ਉਪਜੇ ਡਰੁ ਜਾਈ॥		Ddaddaa Ddar Oupajae Ddar Jaaee ||	DADDA: When the Fear of God wells up, other fears depart.	ਜੋ ਪਰਮਾਤਮਾ ਦਾ ਡਰ (ਭਾਵ, ਅਦਬ-ਸਤਕਾਰ) ਮਨੁੱਖ ਦੇ ਹਿਰਦੇ ਵਿਚ ਪੈਦਾ ਹੋ ਜਾਏ,
15609	341	ਤਾ ਡਰ ਮਹਿ ਡਰੁ ਰਹਿਆ ਸਮਾਈ॥		Thaa Ddar Mehi Ddar Rehiaa Samaaee ||	Other fears are absorbed into that Fear.	ਤਾਂ (ਦੁਨੀਆ ਵਾਲਾ) ਡਰ (ਦਿਲੋਂ) ਦੂਰ ਹੋ ਜਾਂਦਾ ਹੈ ਤੇ ਉਸ ਡਰ ਵਿਚ ਦੁਨੀਆ ਵਾਲਾ ਡਰ ਮੁੱਕ ਜਾਂਦਾ ਹੈ; ਪਰ ਜੇ ਮਨੁੱਖ ਪ੍ਰਭੂ ਦਾ ਡਰ ਮਨ ਵਿਚ ਨਾਹ ਵਸਾਏ ਤਾਂ (ਦੁਨੀਆ ਵਾਲਾ) ਡਰ ਮੁੜ ਆ ਚੰਬੜਦਾ ਹੈ।
15610	341	ਜਉ ਡਰ ਡਰੈ ਤਾ ਫਿਰਿ ਡਰੁ ਲਾਗੈ॥		Jo Ddar Ddarai Thaa Fir Ddar Laagai ||	When one rejects the Fear of God, then other fears cling to him.	(ਤੇ ਪ੍ਰਭੂ ਦਾ ਡਰ ਹਿਰਦੇ ਵਿਚ ਵਸਾ ਕੇ ਜੋ ਮਨੁੱਖ) ਨਿਰਭਉ ਹੋ ਗਿਆ,

15611	341	ਨਿਡਰੁ ਹੂਆ ਡਰੁ ਉਰ ਹੋਇ ਭਾਗੈ॥੧੯॥	(ਉਰ) ਹਿਰਦਾ। ਨਿੱਡਰੁ	Niddar Hooaa Ddar Our Hoe Bhaagai ||19||	But if he becomes fearless, the fears of his heart run away. ||19||	ਉਸ ਦੇ ਮਨ ਦਾ ਜੋ ਭੀ ਸਹਿਮ ਹੈ, ਸਭ ਨੱਸ ਜਾਂਦਾ ਹੈ ॥੧੯॥
15612	341	ਢਢਾ ਢਿਗ ਢੂਢਹਿ ਕਤ ਆਨਾ॥	(ਢਿਗ) ਨੇੜੇ	Dtadtaa Dtig Dtoodtehi Kath Aanaa ||	DHADHA: Why do you search in other directions?	(ਹੇ ਭਾਈ! ਪਰਮਾਤਮਾ ਤਾਂ ਤੇਰੇ) ਨੇੜੇ ਹੀ ਹੈ, ਤੂੰ (ਉਸ ਨੂੰ ਬਾਹਰ) ਹੋਰ ਕਿਥੇ ਢੂੰਡਦਾ ਹੈਂ?
15613	341	ਢੂਢਤ ਹੀ ਢਹਿ ਗਏ ਪਰਾਨਾ॥		Dtoodtath Hee Dtehi Geae Paraanaa ||	Searching for Him like this, the breath of life runs out.	(ਬਾਹਰ) ਢੂੰਡਦਿਆਂ ਢੂੰਡਦਿਆਂ ਤੇਰੇ ਪ੍ਰਾਣ ਭੀ ਥੱਕ ਗਏ ਹਨ।
15614	341	ਚੜਿ ਸੁਮੇਰਿ ਢੂਢਿ ਜਬ ਆਵਾ॥		Charr Sumaer Dtoodt Jab Aavaa ||	When I returned after climbing the mountain,	ਸੁਮੇਰ ਪਰਬਤ ਉਤੇ (ਭੀ) ਚੜ੍ਹ ਕੇ ਤੇ (ਪਰਮਾਤਮਾ ਨੂੰ ਉਥੇ) ਢੂੰਡ ਢੂੰਡ ਕੇ ਜਦੋਂ ਮਨੁੱਖ (ਆਪਣੇ ਸਰੀਰ ਵਿਚ) ਆਉਂਦਾ ਹੈ (ਭਾਵ, ਆਪਣੇ ਅੰਦਰ ਹੀ ਝਾਤੀ ਮਾਰਦਾ ਹੈ),
15615	341	ਜਿਹ ਗੜੁ ਗੜਿਓ ਸੁ ਗੜ ਮਹਿ ਪਾਵਾ॥੨੦॥	ਸ੍ਰੀਰ ਰੂਪੀ (ਗੜ੍ਹ) ਕਿਲਾ (ਗੜਿਓ) ਬਣਾਇਆ। ਗੜ੍ਹ	Jih Garr Garriou S Garr Mehi Paavaa ||20||	I found Him in the fortress - the fortress which He Himself made. ||20||	ਤਾਂ ਉਹ ਪ੍ਰਭੂ ਇਸ (ਸਰੀਰ ਰੂਪ) ਕਿਲ੍ਹੇ ਵਿਚ ਹੀ ਮਿਲ ਪੈਂਦਾ ਹੈ ਜਿਸ ਨੇ ਇਹ ਸਰੀਰ-ਕਿਲ੍ਹਾ ਬਣਾਇਆ ਹੈ ॥੨੦॥

15616	341	ਣਾਣਾ ਰਣਿ ਰੂਤਉ ਨਰ ਨੇਹੀ ਕਰੈ॥	ਕਾਮ ਕ੍ਰੋਧ ਆਦਿਕਾਂਦੇ (ਰਣਿ) ਜੰਗ ਚ ਜਦੋਂ (ਰੂਤਉ) ਰੁੱਝਿਆ ਜੁਟਿਆ, ਇਨ੍ਹਾਂ ਨੂੰ ਮਾਰਨ ਦਾ (ਨੇਹੀ) ਨਿਸਚੇ ਕਰਕੇ (ਨੇਹੀ) ਹਠ ਕਰੇ	Naanaa Ran Rootho Nar Naehee Karai ||	NANNA: The warrior who fights on the battle-field should keep up and press on.	(ਜਗਤ ਰੂਪ ਇਸ) ਰਣਭੂਮੀ ਵਿਚ (ਵਿਕਾਰਾਂ ਨਾਲ ਜੰਗ ਵਿਚ) ਰੁੱਝਾ ਹੋਇਆ ਜੋ ਮਨੁੱਖ ਵਿਕਾਰਾਂ ਨੂੰ ਵੱਸ ਵਿਚ ਕਰਨ ਦੀ ਸਮਰੱਥਾ ਪ੍ਰਾਪਤ ਕਰ ਲੈਂਦਾ ਹੈ,
15617	341	ਨਾ ਨਿਵੈ ਨਾ ਫੁਨਿ ਸੰਚਰੈ॥	(ਨਿਵੈ) ਝੁਕੇ। (ਸੰਚਰੈ) ਮੇਲ ਕਰੇ	Naa Nivai Naa Fun Sancharai ||	He should not yield, and he should not retreat.	ਜੋ (ਵਿਕਾਰਾਂ ਅਗੇ) ਨਾਹ ਨੀਊਂਦਾ ਹੈ, ਨਾਹ ਹੀ (ਉਹਨਾਂ ਨਾਲ) ਮੇਲ ਕਰਦਾ ਹੈ।
15618	341	ਧੰਨਿ ਜਨਮੁ ਤਾਹੀ ਕੋ ਗਣੈ॥		Dhhann Janam Thaahee Ko Ganai ||	Blessed is the coming of one	ਜਗਤ ਉਸੇ ਮਨੁੱਖ ਦੇ ਜੀਵਨ ਨੂੰ ਭਾਗਾਂ ਵਾਲਾ ਗਿਣਦਾ ਹੈ,
15619	341	ਮਾਰੈ ਏਕਹਿ ਤਜਿ ਜਾਇ ਘਣੈ॥੨੧॥	ਏਕਹਿ	Maarai Eaekehi Thaj Jaae Ghanai ||21||	Who conquers the one and renounces the many. ||21||	ਕਿਉਂਕਿ ਉਹ ਮਨੁੱਖ (ਆਪਣੇ) ਇੱਕ ਮਨ ਨੂੰ ਮਾਰਦਾ ਹੈ ਤੇ ਇਹਨਾਂ ਬਹੁਤਿਆਂ (ਭਾਵ, ਵਿਕਾਰਾਂ) ਨੂੰ ਛੱਡ ਦੇਂਦਾ ਹੈ ॥੨੧॥
15620	341	ਤਤਾ ਅਤਰ ਤਰਿਓ ਨਹ ਜਾਈ॥	ਤੱਤਾ। ਅ-ਤਰ	Thathaa Athar Thariou Neh Jaaee ||	TATTA: The impassable world-ocean cannot be crossed over;	ਇਹ ਜਗਤ ਇਕ ਐਸਾ ਸਮੁੰਦਰ ਹੈ ਜਿਸ ਨੂੰ ਤਰਨਾ ਔਖਾ ਹੈ, ਜਿਸ ਵਿਚੋਂ ਪਾਰ ਲੰਘਿਆ ਨਹੀਂ ਜਾ ਸਕਦਾ
15621	341	ਤਨ ਤ੍ਰਿਭਵਣ ਮਹਿ ਰਹਿਓ ਸਮਾਈ॥		Than Thribhavan Mehi Rehiou Samaaee ||	The body remains embroiled in the three worlds.	(ਤਦ ਤਕ ਜਦ ਤਕ) ਅੱਖਾਂ ਕੰਨ ਨੱਕ ਆਦਿ ਗਿਆਨ-ਇੰਦਰੇ ਦੁਨੀਆ (ਦੇ ਰਸਾਂ) ਵਿਚ ਡੁੱਬੇ ਰਹਿੰਦੇ ਹਨ।

15622	341	ਜਉ ਤ੍ਰਿਭਵਣ ਤਨ ਮਾਹਿ ਸਮਾਵਾ॥		Jo Thribhavan Than Maahi Samaavaa ||	But when the Lord of the three worlds enters into the body,	ਪਰ ਜਦੋਂ ਸੰਸਾਰ (ਦੇ ਰਸ) ਸਰੀਰ ਦੇ ਅੰਦਰ ਹੀ ਮਿਟ ਜਾਂਦੇ ਹਨ (ਭਾਵ ਮਨੁੱਖ ਦੇ ਇੰਦ੍ਰਿਆਂ ਨੂੰ ਖਿੱਚ ਨਹੀਂ ਪਾ ਸਕਦੇ),
15623	341	ਤਉ ਤਤਹਿ ਤਤ ਮਿਲਿਆ ਸਚੁ ਪਾਵਾ॥੨੨॥	ਤੱਤ-ਹਿ ਤੱਤ	Tho Thathehi Thath Miliaa Sach Paavaa ||22||	Then one's essence merges with the essence of reality, and the True Lord is attained. ||22||	ਤਦੋਂ (ਜੀਵ ਦੀ) ਆਤਮਾ (ਪ੍ਰਭੂ ਦੀ) ਜੋਤ ਵਿਚ ਮਿਲ ਜਾਂਦੀ ਹੈ, ਤਦੋਂ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਲੱਭ ਪੈਂਦਾ ਹੈ ॥੨੨॥
15624	341	ਥਥਾ ਅਥਾਹ ਥਾਹ ਨਹੀ ਪਾਵਾ॥		Thhathhaa Athhaah Thhaah Nehee Paavaa ||	T'HAT'HA: He is Unfathomable; His depths cannot be fathomed.	(ਮਨੁੱਖ ਦਾ ਮਨ) ਅਥਾਹ ਪਰਮਾਤਮਾ ਦੀ ਥਾਹ ਨਹੀਂ ਪਾ ਸਕਦਾ,
15625	341	ਓਹੁ ਅਥਾਹ ਇਹੁ ਥਿਰੁ ਨ ਰਹਾਵਾ॥		Ouhu Athhaah Eihu Thhir N Rehaavaa ||	He is Unfathomable; this body is impermanent, and unstable.	(ਕਿਉਂਕਿ ਇਕ ਪਾਸੇ ਤਾਂ) ਉਹ ਪ੍ਰਭੂ ਬੇਅੰਤ ਡੂੰਘਾ ਹੈ, (ਤੇ, ਦੂਜੇ ਪਾਸੇ, ਮਨੁੱਖ ਦਾ) ਇਹ ਮਨ ਕਦੇ ਟਿਕ ਕੇ ਨਹੀਂ ਰਹਿੰਦਾ (ਭਾਵ, ਕਦੇ ਪ੍ਰਭੂ-ਚਰਨਾਂ ਵਿਚ ਜੁੜਨ ਦਾ ਉੱਦਮ ਹੀ ਨਹੀਂ ਕਰਦਾ)।
15626	341	ਥੋੜੈ ਥਲਿ ਥਾਨਕ ਆਰੰਭੈ॥	(ਥਲਿ) ਜ਼ਮੀਨ ਚ (ਥਾਨਕ) ਨੱਗਰ। ਥੋੜ੍ਹੈ	Thhorrai Thhal Thhaanak Aaranbhai ||	The mortal builds his dwelling upon this tiny space;	ਇਹ ਮਨ ਥੋੜੀ ਜਿਤਨੀ (ਮਿਲੀ) ਭੁਇਂ ਵਿਚ (ਕਈ) ਨਗਰ (ਬਣਾਉਣੇ) ਸ਼ੁਰੂ ਕਰ ਦੇਂਦਾ ਹੈ (ਭਾਵ, ਥੋੜੀ ਜਿਤਨੀ ਮਿਲੀ ਉਮਰ ਵਿਚ ਕਈ ਪਸਾਰੇ ਪਸਾਰ ਬੈਠਦਾ ਹੈ;

15627	341	ਬਿਨੁ ਹੀ ਥਾਭਹ ਮੰਦਿਰੁ ਥੰਭੈ॥੨੩॥	ਥਾਂਭਹ ਹ ਮੁਕਤਾ ਬੋਲੋ	Bin Hee Thhaabheh Mandhir Thhanbhai ||23||	Without any pillars, he wishes to support a mansion. ||23||	ਤੇ ਇਸ ਦੇ ਇਹ ਸਾਰੇ ਪਸਾਰੇ ਪਸਾਰਨੇ ਵਿਅਰਥ ਹੀ ਕੰਮ ਹੈ, ਇਹ (ਮਾਨੋ) ਥੰਮ੍ਹਾਂ (ਕੰਧਾਂ) ਤੋਂ ਬਿਨਾ ਹੀ ਘਰ ਉਸਾਰ ਰਿਹਾ ਹੈ ॥੨੩॥
15628	341	ਦਦਾ ਦੇਖਿ ਜੁ ਬਿਨਸਨਹਾਰਾ॥	ਬਿਨਸਨ-ਹਾਰਾ	Dhadhaa Dhaekh J Binasanehaaraa ||	DADDA: Whatever is seen shall perish.	ਜੋ ਇਹ ਸੰਸਾਰ (ਇਹਨਾਂ ਅੱਖਾਂ ਨਾਲ) ਦਿੱਸ ਰਿਹਾ ਹੈ, ਇਹ ਸਾਰਾ ਨਾਸਵੰਤ ਹੈ,
15629	341	ਜਸ ਅਦੇਖਿ ਤਸ ਰਾਖਿ ਬਿਚਾਰਾ॥	(ਜਸ) ਜੋ	Jas Adhaekh Thas Raakh Bichaaraa ||	Contemplate the One who is unseen.	(ਹੇ ਭਾਈ!) ਤੂੰ ਸਦਾ ਪ੍ਰਭੂ ਵਿਚ ਸੁਰਤ ਜੋੜ, ਜੋ (ਇਹਨਾਂ ਅੱਖਾਂ ਨਾਲ) ਦਿੱਸਦਾ ਨਹੀਂ ਹੈ (ਭਾਵ, ਜੋ ਦਿੱਸਦੇ ਤ੍ਰਿਗੁਣੀ ਸੰਸਾਰ ਨਾਲੋਂ ਵੱਖਰਾ ਭੀ ਹੈ)।
15630	341	ਦਸਵੈ ਦੁਆਰਿ ਕੁੰਚੀ ਜਬ ਦੀਜੈ॥	ਪ੍ਰੇਮਾ ਭਗਤੀ ਸਹਿਤ ਬ੍ਰਹਮਵਿੱਦਿਆ ਰੂਪੀ (ਕੁੰਚੀ) ਕੁੰਜੀ	Dhasavai Dhuaar Kunchee Jab Dheejai ||	When the key is inserted in the Tenth Gate,	ਪਰ, ਜਦੋਂ (ਗੁਰਬਾਣੀ-ਰੂਪ) ਕੁੰਜੀ ਦਸਵੇਂ ਦੁਆਰ ਵਿਚ ਲਾਈਏ, (ਭਾਵ, ਜਦੋਂ ਮਨ ਨੂੰ ਸਤਿਗੁਰੂ ਦੀ ਬਾਣੀ ਨਾਲ ਜੋੜੀਏ),
15631	341	ਤਉ ਦਇਆਲ ਕੋ ਦਰਸਨੁ ਕੀਜੈ॥੨੪॥	ਦਇਆਲ	Tho Dhaeiaal Ko Dharasan Keejai ||24||	Then the Blessed Vision of the Merciful Lord's Darshan is seen. ||24||	ਉਸ ਦਿਆਲ ਪ੍ਰਭੂ ਦਾ ਦੀਦਾਰ ਤਦੋਂ ਹੀ ਕੀਤਾ ਜਾ ਸਕਦਾ ਹੈ ॥੨੪॥

15632	341	ਧਧਾ ਅਰਧਹਿ ਉਰਧ ਨਿਬੇਰਾ॥	(ਅਰਧਹਿ) ਨੀਵਾਂ। (ਉਰਧਹਿ) ਉੱਚਾ	Dhhadhhaa Aradhhehi Ouradhh Nibaeraa ||	DHADHA: When one ascends from the lower realms of the earth to the higher realms of the heavens, then everything is resolved.	ਜਦੋਂ ਜੀਵਾਤਮਾ ਦਾ ਨਿਵਾਸ ਪਰਮਾਤਮਾ ਵਿਚ ਹੁੰਦਾ ਹੈ (ਭਾਵ, ਜਦੋਂ ਜੀਵ ਪ੍ਰਭੂ-ਚਰਨਾਂ ਵਿਚ ਜੁੜਦਾ ਹੈ),
15633	341	ਅਰਧਹਿ ਉਰਧਹ ਮੰਝਿ ਬਸੇਰਾ॥		Aradhhehi Ouradhheh Manjh Basaeraa ||	The Lord dwells in both the lower and higher worlds.	ਤਾਂ ਪ੍ਰਭੂ ਨਾਲ (ਇੱਕ-ਰੂਪ ਹੋਇਆਂ ਹੀ ਜੀਵ (ਦੇ ਜਨਮ ਮਰਨ) ਦਾ ਖ਼ਾਤਮਾ ਹੁੰਦਾ ਹੈ। (ਜੀਵਾਤਮਾ ਤੇ ਪਰਮਾਤਮਾ ਦੀ ਵਿੱਥ ਮੁੱਕ ਜਾਂਦੀ ਹੈ)।
15634	341	ਅਰਧਹ ਛਾਡਿ ਉਰਧ ਜਉ ਆਵਾ॥		Aradhheh Shhaadd Ouradhh Jo Aavaa ||	Leaving the earth, the soul ascends to the heavens;	ਜਦੋਂ ਜੀਵ ਨੀਵੀਂ ਅਵਸਥਾ ਨੂੰ (ਭਾਵ, ਮਾਇਆ ਦੇ ਮੋਹ ਨੂੰ) ਛੱਡ ਕੇ ਉੱਚੀ ਅਵਸਥਾ ਤੇ ਅੱਪੜਦਾ ਹੈ,
15635	341	ਤਉ ਅਰਧਹਿ ਉਰਧ ਮਿਲਿਆ ਸੁਖ ਪਾਵਾ॥੨੫॥		Tho Aradhhehi Ouradhh Miliaa Sukh Paavaa ||25||	Then, the lower and higher join together, and peace is obtained. ||25||	ਤਦੋਂ ਜੀਵ ਨੂੰ ਪਰਮਾਤਮਾ ਮਿਲ ਪੈਂਦਾ ਹੈ, ਤੇ ਇਸ ਨੂੰ (ਅਸਲ) ਸੁਖ ਪ੍ਰਾਪਤ ਹੋ ਜਾਂਦਾ ਹੈ ॥੨੫॥
15636	341	ਨੰਨਾ ਨਿਸਿ ਦਿਨੁ ਨਿਰਖਤ ਜਾਈ॥	(ਨਿਰਖਤ) ਤੱਕਦਿਆਂ	Nannaa Nis Dhin Nirakhath Jaaee ||	NANNA: The days and nights go by; I am looking for the Lord.	(ਜਿਸ ਜੀਵ ਦਾ) ਦਿਨ ਰਾਤ (ਭਾਵ, ਸਾਰਾ ਸਮਾ) (ਪ੍ਰਭੂ ਦੇ ਦੀਦਾਰ ਦੀ) ਉਡੀਕ ਕਰਦਿਆਂ ਗੁਜ਼ਰਦਾ ਹੈ,

15637	341	ਨਿਰਖਤ ਨੈਨ ਰਹੇ ਰਤਵਾਈ॥	(ਰੱਤਵਾਈ) ਪੂਰਨ ਪ੍ਰੇਮ ਸਹਿਤ ਲਾਲੀ	Nirakhath Nain Rehae Rathavaaee ||	Looking for Him, my eyes have become blood-shot.	ਤੱਕਦਿਆਂ (ਭਾਵ, ਦੀਦਾਰ ਦੀ ਲਗਨ ਵਿਚ ਹੀ) ਉਸ ਦੇ ਨੇਤਰ (ਪ੍ਰਭੂ-ਦੀਦਾਰ ਲਈ) ਮਤਵਾਲੇ ਹੋ ਜਾਂਦੇ ਹਨ।
15638	341	ਨਿਰਖਤ ਨਿਰਖਤ ਜਬ ਜਾਇ ਪਾਵਾ॥		Nirakhath Nirakhath Jab Jaae Paavaa ||	After looking and looking,when He is finally found,	ਦੀਦਾਰ ਦੀ ਤਾਂਘ ਕਰਦਿਆਂ ਕਰਦਿਆਂ ਜਦੋਂ ਆਖ਼ਰ ਦੀਦਾਰ ਹੁੰਦਾ ਹੈ,
15639	341	ਤਬ ਲੇ ਨਿਰਖਹਿ ਨਿਰਖ ਮਿਲਾਵਾ॥੨੬॥	ਨਿਰਖਹਿ	Thab Lae Nirakhehi Nirakh Milaavaa ||26||	Then the one who was looking merges into the One who was looked for. ||26||	ਤਾਂ ਉਹ ਇਸ਼ਟ-ਪ੍ਰਭੂ ਦਰਸ਼ਨ ਦੀ ਤਾਂਘ ਰੱਖਣ ਵਾਲੇ (ਆਪਣੇ ਪ੍ਰੇਮੀ) ਨੂੰ ਆਪਣੇ ਨਾਲ ਮਿਲਾ ਲੈਂਦਾ ਹੈ ॥੨੬॥
15640	341	ਪਪਾ ਅਪਰ ਪਾਰੁ ਨਹੀ ਪਾਵਾ॥	ਅ-ਪਰ	Papaa Apar Paar Nehee Paavaa ||	PAPPA: He is limitless; His limits cannot be found.	ਪਰਮਾਤਮਾ ਸਭ ਤੋਂ ਵੱਡਾ ਹੈ, ਉਸ ਦਾ ਕਿਸੇ ਨੇ ਅੰਤ ਨਹੀਂ ਲੱਭਾ।
15641	341	ਪਰਮ ਜੋਤਿ ਸਿਉ ਪਰਚਉ ਲਾਵਾ॥		Param Joth Sio Paracho Laavaa ||	I have attuned myself to the Supreme Light.	ਜਿਸ ਜੀਵ ਨੇ ਚਾਨਣ-ਦੇ-ਸੋਮੇ ਪ੍ਰਭੂ ਨਾਲ ਪਿਆਰ ਜੋੜਿਆ ਹੈ,
15642	341	ਪਾਂਚਉ ਇੰਦ੍ਰੀ ਨਿਗ੍ਰਹ ਕਰਈ॥	(ਨਿਗ੍ਰਹ) ਰੋਕੇ	Paancho Eindhree Nigreh Karee ||	One who controls his five senses	ਉਹ ਆਪਣੇ ਪੰਜੇ ਹੀ ਗਿਆਨ-ਇੰਦਰਿਆਂ ਨੂੰ (ਇਉਂ) ਵੱਸ ਕਰ ਲੈਂਦਾ ਹੈ,

15643	341	ਪਾਪੁ ਪੁੰਨੁ ਦੋਊ ਨਿਰਵਰਈ॥੨੭॥	(ਨਿਰ-ਵਰਈ) ਨਿਵਿਰਤ ਕਰੇ	Paap Punn Dhooo Niravaree ||27||	Rises above both sin and virtue. ||27||	ਕਿ ਉਹ ਜੀਵ ਪਾਪ ਤੇ ਪੁੰਨ ਦੋਹਾਂ ਨੂੰ ਦੂਰ ਕਰ ਦੇਂਦਾ ਹੈ (ਭਾਵ, ਪੰਜੇ ਗਿਆਨ-ਇੰਦਰਿਆਂ ਨੂੰ ਉਹ ਇਸ ਤਰ੍ਹਾਂ ਪੂਰਨ ਤੌਰ ਤੇ ਕਾਬੂ ਕਰਦਾ ਹੈ ਕਿ ਉਸ ਨੂੰ ਆਪਣੇ ਕੰਮਾਂ ਬਾਰੇ ਇਹ ਸੋਚਣ ਦੀ ਲੋੜ ਹੀ ਨਹੀਂ ਰਹਿੰਦੀ ਜੁ ਮੈਂ ਜਿਹੜਾ ਕੰਮ ਕਰਦਾ ਹਾਂ ਇਹ ਪਾਪ ਹੈ ਜਾਂ ਪੁੰਨ; ਸੁਤੇ ਹੀ ਉਸ ਦਾ ਹਰੇਕ ਕੰਮ ਕਾਮਾਦਿਕ ਵਿਕਾਰਾਂ ਤੋਂ ਬਰੀ ਹੁੰਦਾ ਹੈ) ॥੨੭॥
15644	341	ਫਫਾ ਬਿਨੁ ਫੂਲਹ ਫਲੁ ਹੋਈ॥		Fafaa Bin Fooleh Fal Hoee ||	FAFFA: Even without the flower, the fruit is produced.	ਜੇ ਜੀਵ ਆਪਣੇ ਆਪ ਉੱਤੇ ਮਾਣ ਕਰਨਾ ਛੱਡ ਦੇਵੇ, ਤਾਂ ਇਸ ਨੂੰ (ਨਾਮ-ਪਦਾਰਥ ਰੂਪ ਉਹ) ਫਲ ਮਿਲ ਜਾਂਦਾ ਹੈ (ਜਿਸ ਦੀ ਖ਼ਾਤਰ ਮਨੁੱਖਾ-ਜਨਮ ਮਿਲਿਆ ਹੈ)।
15645	341	ਤਾ ਫਲ ਫੰਕ ਲਖੈ ਜਉ ਕੋਈ॥	ਵਿਆਪਕ ਜੋਤਿ ਰੂਪ (ਫੰਕ) ਫਾੜੀ। ਲਖੈ: ਪੋਲਾ ਬੋਲੋ	Thaa Fal Fank Lakhai Jo Koee ||	One who looks at a slice of that fruit	ਤੇ, ਜੇ ਕੋਈ ਉਸ ਰੱਬੀ ਸੂਝ ਦਾ ਰਤਾ ਕੁ ਭੀ ਝਲਕਾਰਾ ਸਮਝ ਲਏ।
15646	341	ਦੂਣਿ ਨ ਪਰਈ ਫੰਕ ਬਿਚਾਰੈ॥	(ਦੂਣਿ) ਜਨਮ ਮਰਨ। ਪ-ਰਈ	Dhoon N Paree Fank Bichaarai ||	And reflects on it, will not be consigned to reincarnation.	ਜੇ ਉਸ ਝਲਕਾਰੇ ਨੂੰ ਵਿਚਾਰੇ ਤਾਂ ਉਹ ਜਨਮ ਮਰਨ ਦੀ ਖੱਡ ਵਿਚ ਨਹੀਂ ਪੈਂਦਾ,

15647	341	ਤਾ ਫਲੁ ਫੰਕ ਸਭੈ ਤਨ ਫਾਰੈ॥੨੮॥		Thaa Fal Fank Sabhai Than Faarai ||28||	A slice of that fruit slices all bodies. ||28||	(ਕਿਉਂਕਿ) ਰੱਬੀ ਸੂਝ ਦਾ ਉਹ ਨਿੱਕਾ ਜਿਹਾ ਭੀ ਝਲਕਾਰਾ ਉਸ ਦੇ ਦੇਹ-ਅੱਧਿਆਸ (ਆਪੇ ਦੇ ਮਾਣ) ਨੂੰ ਪੂਰਨ ਤੌਰ ਤੇ ਮੁਕਾ ਦੇਂਦਾ ਹੈ ॥੨੮॥
15648	341	ਬਬਾ ਬਿੰਦਹਿ ਬਿੰਦ ਮਿਲਾਵਾ॥	(ਬਿੰਦਹਿ) ਬੂੰਦ ਚ (ਬਿੰਦ) ਬੂੰਦ	Babaa Bindhehi Bindh Milaavaa ||	BABBA: When one drop blends with another drop,	(ਜਿਵੇਂ ਪਾਣੀ ਦੀ) ਬੂੰਦ ਵਿਚ (ਪਾਣੀ ਦੀ) ਬੂੰਦ ਮਿਲ ਜਾਂਦੀ ਹੈ, (ਤੇ, ਫਿਰ ਵੱਖ ਨਹੀਂ ਹੋ ਸਕਦੀ)
15649	341	ਬਿੰਦਹਿ ਬਿੰਦਿ ਨ ਬਿਛੁਰਨ ਪਾਵਾ॥		Bindhehi Bindh N Bishhuran Paavaa ||	Then these drops cannot be separated again.	(ਤਿਵੇਂ ਪ੍ਰਭੂ ਨਾਲ) ਨਿਮਖ-ਮਾਤ੍ਰ ਭੀ ਸਾਂਝ ਪਾ ਕੇ (ਜੀਵ ਪ੍ਰਭੂ ਤੋਂ) ਵਿੱਛੁੜ ਨਹੀਂ ਸਕਦਾ।
15650	341	ਬੰਦਉ ਹੋਇ ਬੰਦਗੀ ਗਹੈ॥		Bandho Hoe Bandhagee Gehai ||	Become the Lord's slave, and hold tight to His meditation.	(ਕਿਉਂਕਿ ਜੋ ਮਨੁੱਖ ਪ੍ਰਭੂ ਦਾ) ਸੇਵਕ ਬਣ ਕੇ ਪ੍ਰੇਮ ਨਾਲ (ਪ੍ਰਭੂ ਦੀ) ਭਗਤੀ ਕਰਦਾ ਹੈ,
15651	342	ਬੰਦਕ ਹੋਇ ਬੰਧ ਸੁਧਿ ਲਹੈ॥੨੯॥	(ਬੰਦਕ)ਬੰਦਗੀ ਵਾਲਾ ਪੁਰਖ ਹੋਵੇ। ਉਸ ਦੀ ਵਾਹਿਗੁਰੂ ਜੀ (ਬੰਧ) ਸਬੰਧੀ ਵਾਂਗ (ਸੁਧਿ) ਖ਼ਬਰ (ਲਹੈ) ਲੈਂਦੇ ਹਨ	Bandhak Hoe Bandhh Sudhh Lehai ||29||	If you turn your thoughts to the Lord, the Lord will take care of you like a relative. ||29||	ਉਹ (ਪ੍ਰਭੂ ਦੇ ਦਰ ਦਾ) ਢਾਡੀ ਬਣ ਕੇ (ਮਾਇਆ ਦੇ ਮੋਹ ਦੇ) ਜ਼ੰਜੀਰਾਂ ਦਾ ਭੇਤ ਪਾ ਲੈਂਦਾ ਹੈ (ਤੇ ਇਹਨਾਂ ਦੇ ਧੋਖੇ ਵਿਚ ਨਹੀਂ ਆਉਂਦਾ) ॥੨੯॥
15652	342	ਭਭਾ ਭੇਦਹਿ ਭੇਦ ਮਿਲਾਵਾ॥		Bhabhaa Bhaedhehi Bhaedh Milaavaa ||	BHABHA: When doubt is pierced, union is achieved.	ਜੋ ਮਨੁੱਖ (ਪ੍ਰਭੂ ਨਾਲੋਂ ਪਈ) ਵਿੱਥ ਨੂੰ ਮੁਕਾ ਕੇ (ਆਪਣੇ ਮਨ ਨੂੰ ਪ੍ਰਭੂ ਦੀ ਯਾਦ ਵਿਚ) ਜੋੜਦਾ ਹੈ,
15653	342	ਅਬ ਭਉ ਭਾਨਿ ਭਰੋਸਉ ਆਵਾ॥		Ab Bho Bhaan Bharoso Aavaa ||	I have shattered my fear, and now I have come to have faith.	ਉਸ ਯਾਦ ਦੀ ਬਰਕਤਿ ਨਾਲ (ਸੰਸਾਰਕ) ਡਰ ਦੂਰ ਕੀਤਿਆਂ ਉਸ ਨੂੰ ਪ੍ਰਭੂ ਤੇ ਸ਼ਰਧਾ ਬਣ ਜਾਂਦੀ ਹੈ।

15654	342	ਜੋ ਬਾਹਰਿ ਸੋ ਭੀਤਰਿ ਜਾਨਿਆ॥	ਬਾਹਰਿ	Jo Baahar So Bheethar Jaaniaa ||	I thought that He was outside of me, but now I know that He is within me.	ਜੋ ਪਰਮਾਤਮਾ ਸਾਰੇ ਜਗਤ ਵਿਚ ਵਿਆਪਕ ਹੈ, ਉਸ ਨੂੰ ਉਹ ਆਪਣੇ ਅੰਦਰ ਵੱਸਦਾ ਜਾਣ ਲੈਂਦਾ ਹੈ,
15655	342	ਭਇਆ ਭੇਦੁ ਭੂਪਤਿ ਪਹਿਚਾਨਿਆ॥੩੦॥	ਸ੍ਰਿਸ਼ਟੀ ਦੇ (ਭੂਪਤਿ) ਰਾਜਾ ਜੀ ਪ੍ਰਭੂ	Bhaeiaa Bhaedh Bhoopath Pehichaaniaa ||30||	When I came to understand this mystery, then I recognized the Lord. ||30||	(ਤੇ ਜਿਉਂ ਜਿਉਂ) ਇਹ ਰਾਜ਼ ਉਸ ਨੂੰ ਖੁਲ੍ਹਦਾ ਹੈ (ਕਿ ਅੰਦਰ ਬਾਹਰ ਹਰ ਥਾਂ ਪ੍ਰਭੂ ਵੱਸ ਰਿਹਾ ਹੈ) ਉਹ ਸ੍ਰਿਸ਼ਟੀ ਦੇ ਮਾਲਕ-ਪ੍ਰਭੂ ਨਾਲ (ਯਾਦ ਦੀ) ਸਾਂਝ ਪਾ ਲੈਂਦਾ ਹੈ ॥੩੦॥
15656	342	ਮਮਾ ਮੂਲ ਗਹਿਆ ਮਨੁ ਮਾਨੈ॥		Mamaa Mool Gehiaa Man Maanai ||	MAMMA: Clinging to the source, the mind is satisfied.	ਜੇ ਜਗਤ ਦੇ ਮੂਲ-ਪ੍ਰਭੂ ਨੂੰ ਆਪਣੇ ਮਨ ਵਿਚ ਵਸਾ ਲਈਏ, ਤਾਂ ਮਨ ਭਟਕਣੋਂ ਹਟ ਜਾਂਦਾ ਹੈ।
15657	342	ਮਰਮੀ ਹੋਇ ਸੁ ਮਨ ਕਉ ਜਾਨੈ॥	(ਮਰਮੀ) ਭੇਤ ਜਾਨਣ ਵਾਲਾ	Maramee Hoe S Man Ko Jaanai ||	One who knows this mystery understands his own mind.	ਜੋ ਜੀਵ ਇਹ ਭੇਤ ਪਾ ਲੈਂਦਾ ਹੈ (ਕਿ ਪ੍ਰਭੂ-ਚਰਨਾਂ ਵਿਚ ਜੁੜਿਆਂ ਮਨ ਟਿਕ ਜਾਂਦਾ ਹੈ) ਉਹ ਜੀਵ ਮਨ (ਦੀ ਦੌੜ-ਭੱਜ) ਨੂੰ ਸਮਝ ਲੈਂਦਾ ਹੈ।
15658	342	ਮਤ ਕੋਈ ਮਨ ਮਿਲਤਾ ਬਿਲਮਾਵੈ॥	(ਬਿਲਮਾਵੈ) ਦੇਰ ਕਰੇ	Math Koee Man Milathaa Bilamaavai ||	Let no one delay in uniting his mind.	(ਸੋ,) ਜੇ ਮਨ (ਪ੍ਰਭੂ-ਚਰਨਾਂ ਵਿਚ) ਜੁੜਨ ਲੱਗੇ ਤਾਂ ਮਤਾਂ ਕੋਈ (ਇਸ ਕੰਮ ਵਿਚ) ਢਿੱਲ ਕਰੇ;

15659	342	ਮਗਨ ਭਇਆ ਤੇ ਸੋ ਸਚੁ ਪਾਵੈ॥੩੧॥		Magan Bhaeiaa Thae So Sach Paavai ||31||	Those who obtain the True Lord are immersed in delight. ||31||	(ਕਿਉਂਕਿ ਪ੍ਰਭੂ-ਚਰਨਾਂ ਵਿਚ ਜੁੜਨ ਦੀ ਬਰਕਤ ਨਾਲ) ਮਨ (ਪ੍ਰਭੂ ਵਿਚ) ਲੀਨ ਹੋ ਜਾਂਦਾ ਹੈ, ਅਤੇ ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਪ੍ਰਾਪਤ ਕਰ ਲੈਂਦਾ ਹੈ ॥੩੧॥
15660	342	ਮਮਾ ਮਨ ਸਿਉ ਕਾਜੁ ਹੈ ਮਨ ਸਾਧੇ ਸਿਧਿ ਹੋਇ॥		Mamaa Man Sio Kaaj Hai Man Saadhhae Sidhh Hoe ||	MAMMA: The mortal's business is with his own mind; one who disciplines his mind attains perfection.	(ਹਰੇਕ ਜੀਵ ਦਾ ਜਗਤ ਵਿਚ ਆਉਣ ਦਾ ਅਸਲ) ਕੰਮ ਮਨ ਨਾਲ ਹੈ (ਉਹ ਕੰਮ ਇਹ ਹੈ ਕਿ ਜੀਵ ਆਪਣੇ ਮਨ ਨੂੰ ਕਾਬੂ ਵਿਚ ਰੱਖੇ)। ਮਨ ਨੂੰ ਵੱਸ ਵਿਚ ਕੀਤਿਆਂ ਹੀ (ਜੀਵ ਨੂੰ ਅਸਲ ਮਨੋਰਥ ਦੀ) ਕਾਮਯਾਬੀ ਹੁੰਦੀ ਹੈ।
15661	342	ਮਨ ਹੀ ਮਨ ਸਿਉ ਕਹੈ ਕਬੀਰਾ ਮਨਸਾ ਮਿਲਿਆ ਨ ਕੋਇ॥੩੨॥	(ਮਨਸਾ) ਵਾਸ਼ਨਾ। (ਦੂਜਾ ਪਾਠ: ਮਨ ਸਾ)	Man Hee Man Sio Kehai Kabeeraa Man Saa Miliaa N Koe ||32||	Only the mind can deal with the mind; says Kabeer, I have not met anything like the mind. ||32||	ਕਬੀਰ ਆਖਦਾ ਹੈ (ਕਿ ਜੀਵ ਦਾ ਅਸਲ ਕੰਮ) ਨਿਰੋਲ ਮਨ ਨਾਲ ਹੀ ਹੈ, ਮਨ ਵਰਗਾ (ਜੀਵ ਨੂੰ) ਹੋਰ ਕੋਈ ਨਹੀਂ ਮਿਲਿਆ (ਜਿਸ ਨਾਲ ਇਸ ਦਾ ਅਸਲ ਵਾਹ ਪੈਂਦਾ ਹੋਵੇ) ॥੩੨॥
15662	342	ਇਹੁ ਮਨੁ ਸਕਤੀ ਇਹੁ ਮਨੁ ਸੀਉ॥	(ਸਕਤੀ) ਮਾਇਆ। (ਸੀਉ) ਵਾਹਿਗੁਰੂ ਜੀ	Eihu Man Sakathee Eihu Man Seeo ||	This mind is Shakti; this mind is Shiva.	(ਮਾਇਆ ਨਾਲ ਮਿਲ ਕੇ) ਇਹ ਮਨ ਮਾਇਆ (ਦਾ ਰੂਪ) ਹੋ ਜਾਂਦਾ ਹੈ। (ਅਨੰਦ-ਸਰੂਪ ਹਰੀ ਨਾਲ ਮਿਲ ਕੇ) ਇਹ ਮਨ ਅਨੰਦ-ਸਰੂਪ ਹਰੀ ਬਣ ਜਾਂਦਾ ਹੈ।

15663	342	ਇਹੁ ਮਨੁ ਪੰਚ ਤਤ ਕੋ ਜੀਉ॥		Eihu Man Panch Thath Ko Jeeo ||	This mind is the life of the five elements.	(ਸਰੀਰ ਨਾਲ ਜੁੜ ਕੇ) ਇਹ ਮਨ ਸਰੀਰ-ਰੂਪ ਹੀ ਹੋ ਜਾਂਦਾ ਹੈ (ਭਾਵ, ਆਪਣੇ ਆਪ ਨੂੰ ਸਰੀਰ ਨਾਲੋਂ ਵੱਖਰਾ ਨਹੀਂ ਸਮਝਦਾ, ਆਪਣੇ ਕਰਤੱਬ ਖਾਣਾ-ਪੀਣਾ ਹੀ ਸਮਝਦਾ ਹੈ)।
15664	342	ਇਹੁ ਮਨੁ ਲੇ ਜਉ ਉਨਮਨਿ ਰਹੈ॥	(ਉਨਮਨਿ) ਵਿਆਪਕ ਬ੍ਰਹਮਜੀ	Eihu Man Lae Jo Ounaman Rehai ||	When this mind is channeled, and guided to enlightenment,	ਪਰ ਜਦੋਂ ਮਨੁੱਖ ਇਸ ਮਨ ਨੂੰ ਵੱਸ ਵਿਚ ਕਰ ਕੇ ਪੂਰਨ ਖਿੜਾਉ ਵਿਚ ਟਿਕਦਾ ਹੈ,
15665	342	ਤਉ ਤੀਨਿ ਲੋਕ ਕੀ ਬਾਤੈ ਕਹੈ॥੩੩॥	ਬਾਤੈਂ	Tho Theen Lok Kee Baathai Kehai ||33||	It can describe the secrets of the three worlds. ||33||	ਤਦੋਂ ਉਹ ਸਾਰੇ ਜਗਤ ਵਿਚ ਵਿਆਪਕ ਪ੍ਰਭੂ ਦੀਆਂ ਹੀ ਗੱਲਾਂ ਕਰਦਾ ਹੈ ॥੩੩॥
15666	342	ਯਯਾ ਜਉ ਜਾਨਹਿ ਤਉ ਦੁਰਮਤਿ ਹਨਿ ਕਰਿ ਬਸਿ ਕਾਇਆ ਗਾਉ॥	(ਹਨਿ) ਦੂਰ ਕਰ। (ਗਾਉ) ਪਿੰਡ। ਯ-ਯਾ: ਯ ਤਾਲੂ ਤੋਂ ਬੋਲੋ। ਦੁਰ-ਮੱਤਿ ਬੱਸਿ	Yayaa Jo Jaanehi Tho Dhuramath Han Kar Bas Kaaeiaa Gaao ||	YAYYA: If you know anything, then destroy your evil-mindedness, and subjugate the body-village.	(ਹੇ ਭਾਈ!) ਜੇ ਤੂੰ (ਜੀਵਨ ਦਾ ਸਹੀ ਰਸਤਾ) ਜਾਨਣਾ ਚਾਹੁੰਦਾ ਹੈਂ, ਤਾਂ (ਆਪਣੀ) ਭੈੜੀ ਮੱਤ ਨੂੰ ਮੁਕਾ ਦੇਹ, ਇਸ ਸਰੀਰ (-ਰੂਪ) ਪਿੰਡ ਨੂੰ (ਆਪਣੇ) ਵੱਸ ਵਿਚ ਲਿਆ (ਭਾਵ, ਅੱਖ ਕੰਨ ਆਦਿਕ ਗਿਆਨ-ਇੰਦਰਿਆਂ ਨੂੰ ਵਿਕਾਰਾਂ ਵਲ ਨਾਹ ਜਾਣ ਦੇ)।
15667	342	ਰਨਿ ਰੂਤਉ ਭਾਜੈ ਨਹੀ ਸੂਰਉ ਥਾਰਉ ਨਾਉ॥੩੪॥	(ਰੂ-ਤਉ) ਰੁਕਿਆ। ਸੂ-ਰਉ। ਥਾ-ਰਉ	Ran Rootho Bhaajai Nehee Sooro Thhaaro Naao ||34||	When you are engaged in the battle, don't run away; then, you shall be known as a spiritual hero. ||34||	(ਇਸ ਸਰੀਰ ਨੂੰ ਵੱਸ ਵਿਚ ਲਿਆਉਣਾ, ਮਾਨੋ, ਇਕ ਜੁੱਧ ਹੈ) ਜੇ ਤੂੰ ਇਸ ਜੁੱਧ ਵਿਚ ਰੁੱਝ ਕੇ ਭਾਂਜ ਨਾਹ ਖਾ ਜਾਏਂ ਤਾਂ ਹੀ ਤੇਰਾ ਨਾਮ ਸੂਰਮਾ (ਹੋ ਸਕਦਾ) ਹੈ ॥੩੪॥

15668	342	ਰਾਰਾ ਰਸੁ ਨਿਰਸ ਕਰਿ ਜਾਨਿਆ॥	(ਨਿ-ਰਸ) ਬੇਸੁਆਦ	Raaraa Ras Niras Kar Jaaniaa ||	RARRA: I have found tastes to be tasteless.	ਜਿਸ ਮਨੁੱਖ ਨੇ ਮਾਇਆ ਦੇ ਸੁਆਦ ਨੂੰ ਫਿੱਕਾ ਜਿਹਾ ਸਮਝ ਲਿਆ ਹੈ,
15669	342	ਹੋਇ ਨਿਰਸ ਸੁ ਰਸੁ ਪਹਿਚਾਨਿਆ॥		Hoe Niras S Ras Pehichaaniaa ||	Becoming tasteless, I have realized that taste.	ਉਸ ਨੇ ਮਾਇਕ ਚਸਕਿਆਂ ਤੋਂ ਬਚੇ ਰਹਿ ਕੇ ਉਹ ਆਤਮਕ ਆਨੰਦ ਮਾਣ ਲਿਆ ਹੈ।
15670	342	ਇਹ ਰਸ ਛਾਡੇ ਉਹ ਰਸੁ ਆਵਾ॥		Eih Ras Shhaaddae Ouh Ras Aavaa ||	Abandoning these tastes, I have found that taste.	ਜਿਸ ਨੇ ਇਹ (ਦੁਨੀਆ ਵਾਲੇ) ਚਸਕੇ ਛੱਡ ਦਿੱਤੇ ਹਨ, ਉਸ ਨੂੰ ਉਹ (ਪ੍ਰਭੂ ਦੇ ਨਾਮ ਦਾ) ਅਨੰਦ ਪ੍ਰਾਪਤ ਹੋ ਗਿਆ ਹੈ;
15671	342	ਉਹ ਰਸੁ ਪੀਆ ਇਹ ਰਸੁ ਨਹੀ ਭਾਵਾ॥੩੫॥		Ouh Ras Peeaa Eih Ras Nehee Bhaavaa ||35||	Drinking in that taste, this taste is no longer pleasing. ||35||	(ਕਿਉਂਕਿ) ਜਿਸ ਨੇ ਉਹ (ਨਾਮ-) ਰਸ ਪੀਤਾ ਹੈ ਉਸ ਨੂੰ ਇਹ (ਮਾਇਆ ਵਾਲਾ) ਸੁਆਦ ਚੰਗਾ ਨਹੀਂ ਲੱਗਦਾ ॥੩੫॥
15672	342	ਲਲਾ ਐਸੇ ਲਿਵ ਮਨੁ ਲਾਵੈ॥	ਲੱਲਾ	Lalaa Aisae Liv Man Laavai ||	LALLA: Embrace such love for the Lord in your mind,	ਜੇ (ਕਿਸੇ ਮਨੁੱਖ ਦਾ) ਮਨ ਅਜਿਹੀ ਇਕਾਗ੍ਰਤਾ ਨਾਲ (ਪ੍ਰਭੂ ਦੀ ਯਾਦ ਵਿਚ) ਬਿਰਤੀ ਜੋੜ ਲਏ,
15673	342	ਅਨਤ ਨ ਜਾਇ ਪਰਮ ਸਚੁ ਪਾਵੈ॥	(ਅਨਤ) ਹੋਰ ਥਾਂ	Anath N Jaae Param Sach Paavai ||	That you shall not have to go to any other; you shall attain the supreme truth.	ਕਿ ਕਿਸੇ ਹੋਰ ਪਾਸੇ ਵਲ ਨਾਹ ਭਟਕੇ ਤਾਂ ਉਸ ਨੂੰ ਸਭ ਤੋਂ ਉੱਚਾ ਤੇ ਸਦਾ-ਥਿਰ ਰਹਿਣ ਵਾਲਾ ਪ੍ਰਭੂ ਮਿਲ ਪੈਂਦਾ ਹੈ;
15674	342	ਅਰੁ ਜਉ ਤਹਾ ਪ੍ਰੇਮ ਲਿਵ ਲਾਵੈ॥		Ar Jo Thehaa Praem Liv Laavai ||	And if you embrace love and affection for Him there,	ਅਤੇ ਜੇ ਉਸ ਲਿਵ ਦੀ ਹਾਲਤ ਵਿਚ ਪ੍ਰੇਮ ਦੀ ਤਾਰ ਲਾ ਦੇਵੇ (ਭਾਵ, ਇਕ-ਤਾਰ ਮਗਨ ਰਹੇ)

15675	342	ਤਉ ਅਲਹ ਲਹੈ ਲਹਿ ਚਰਨ ਸਮਾਵੈ॥੩੬॥	ਅੱਲਹ	Tho Aleh Lehai Lehi Charan Samaavai ||36||	Then you shall obtain the Lord; obtaining Him, you shall be absorbed in His Feet. ||36||	ਤਾਂ ਉਸ ਅਲੱਗ ਪ੍ਰਭੂ ਨੂੰ ਉਹ ਲੱਭ ਲੈਂਦਾ ਹੈ ਤੇ ਲੱਭ ਕੇ ਸਦਾ ਲਈ ਉਸ ਦੇ ਚਰਨਾਂ ਵਿਚ ਟਿਕਿਆ ਰਹਿੰਦਾ ਹੈ ॥੩੬॥
15676	342	ਵਵਾ ਬਾਰ ਬਾਰ ਬਿਸਨ ਸਮ੍ਹਾਰਿ॥	(ਬਿਸਨ) ਅਕਾਲ। ਸਮ੍ਹਾਰਿ: ਮੰਮੇ ਨੂੰ ਹਲੰਤ ਲਾਉ	Vavaa Baar Baar Bisan Samhaar ||	WAWA: Time and time again, dwell upon the Lord.	(ਹੇ ਭਾਈ!) ਸਦਾ ਪ੍ਰਭੂ ਨੂੰ (ਆਪਣੇ ਹਿਰਦੇ ਵਿਚ) ਯਾਦ ਰੱਖ ਕੇ-
15677	342	ਬਿਸਨ ਸੰਮਾਰਿ ਨ ਆਵੈ ਹਾਰਿ॥		Bisan Sanmhaar N Aavai Haar ||	Dwelling upon the Lord, defeat shall not come to you.	(ਜੀਵ ਮਨੁੱਖਾ ਜਨਮ ਦੀ ਬਾਜ਼ੀ) ਹਾਰ ਕੇ ਨਹੀਂ ਆਉਂਦਾ।
15678	342	ਬਲਿ ਬਲਿ ਜੇ ਬਿਸਨ ਤਨਾ ਜਸੁ ਗਾਵੈ॥	(ਤਨਾ) ਪਿਆਰੇ	Bal Bal Jae Bisanathanaa Jas Gaavai ||	I am a sacrifice, a sacrifice to those, who sing the praises of the Saints, the sons of the Lord.	ਮੈਂ ਉਸ ਭਗਤ ਜਨ ਤੋਂ ਸਦਕੇ ਹਾਂ ਜੋ ਪ੍ਰਭੂ ਦੇ ਗੁਣ ਗਾਂਦਾ ਹੈ।
15679	342	ਵਿਸਨ ਮਿਲੇ ਸਭ ਹੀ ਸਚੁ ਪਾਵੈ॥੩੭॥		Visan Milae Sabh Hee Sach Paavai ||37||	Meeting the Lord, total Truth is obtained. ||37||	ਪ੍ਰਭੂ ਨੂੰ ਮਿਲ ਕੇ ਉਹ ਹਰ ਥਾਂ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਹੀ ਵੇਖਦਾ ਹੈ ॥੩੭॥
15680	342	ਵਾਵਾ ਵਾਹੀ ਜਾਨੀਐ ਵਾ ਜਾਨੇ ਇਹੁ ਹੋਇ॥	(ਵਾਹੀ) ਪ੍ਰੇਰਕ ਵਾਹਿਗੁਰੂ, (ਵਾਹੀ) ਉਨਾਂ ਤਾਂਈ	Vaavaa Vaahee Jaaneeai Vaa Jaanae Eihu Hoe ||	WAWA: Know Him. By knowing Him, this mortal becomes Him.	(ਹੇ ਭਾਈ!) ਉਸ ਪ੍ਰਭੂ ਨਾਲ ਹੀ ਜਾਣ-ਪਛਾਣ ਕਰਨੀ ਚਾਹੀਦੀ ਹੈ। ਉਸ ਪ੍ਰਭੂ ਨਾਲ ਸਾਂਝ ਪਾਇਆਂ ਇਹ ਜੀਵ (ਉਸ ਪ੍ਰਭੂ ਦਾ ਰੂਪ ਹੀ) ਹੋ ਜਾਂਦਾ ਹੈ।

15681	342	ਇਹੁ ਅਰੁ ਓਹੁ ਜਬ ਮਿਲੈ ਤਬ ਮਿਲਤ ਨ ਜਾਨੈ ਕੋਇ॥੩੮॥		Eihu Ar Ouhu Jab Milai Thab Milath N Jaanai Koe ||38||	When this soul and that Lord are blended, then, having been blended, they cannot be known separately. ||38||	ਜਦੋਂ ਇਹ ਜੀਵ ਤੇ ਉਹ ਪ੍ਰਭੂ ਇਕ-ਰੂਪ ਹੋ ਜਾਂਦੇ ਹਨ, ਤਾਂ ਇਹਨਾਂ ਮਿਲਿਆਂ ਨੂੰ ਕੋਈ ਹੋਰ ਨਹੀਂ ਸਮਝ ਸਕਦਾ (ਭਾਵ, ਫਿਰ ਕੋਈ ਹੋਰ ਇਹਨਾਂ ਮਿਲਿਆਂ ਵਿਚ ਵਿੱਥ ਨਹੀਂ ਲੱਭ ਸਕਦਾ) ॥੩੮॥
15682	342	ਸਸਾ ਸੋ ਨੀਕਾ ਕਰਿ ਸੋਧਹੁ॥	(ਨੀਕਾ) ਚੰਗੀ ਤਰਾਂ। (ਸੋਧਹੁ) ਵਿਚਾਰੋ। ਸੱਸਾ	Sasaa So Neekaa Kar Sodhhahu ||	SASSA: Discipline your mind with sublime perfection.	ਚੰਗੀ ਤਰ੍ਹਾਂ ਉਸ ਪਰਮਾਤਮਾ ਦੀ ਸੰਭਾਲ ਕਰੋ।
15683	342	ਘਟ ਪਰਚਾ ਕੀ ਬਾਤ ਨਿਰੋਧਹੁ॥	(ਪਰਚਾ) ਪਰਚਣਾ। (ਨਿਰੋਧਹੁ) ਰੋਕੋ	Ghatt Parachaa Kee Baath Nirodhhahu ||	Refrain from that talk which attracts the heart.	ਆਪਣੇ ਮਨ ਨੂੰ ਉਹਨਾਂ ਬਚਨਾਂ ਵਿਚ ਲਿਆ ਕੇ ਜੋੜੋ, ਜਿਨ੍ਹਾਂ ਕਰਕੇ ਇਹ ਮਨ ਪਰਮਾਤਮਾ ਵਿਚ ਪਰਚ ਜਾਏ।
15684	342	ਘਟ ਪਰਚੈ ਜਉ ਉਪਜੈ ਭਾਉ॥		Ghatt Parachai Jo Oupajai Bhaao ||	The heart is attracted, when love wells up.	ਪ੍ਰਭੂ ਵਿਚ ਮਨ ਪਰਚਿਆਂ ਜਦੋਂ (ਅੰਦਰ) ਪ੍ਰੇਮ ਪੈਦਾ ਹੁੰਦਾ ਹੈ,
15685	342	ਪੂਰਿ ਰਹਿਆ ਤਹ ਤ੍ਰਿਭਵਣ ਰਾਉ॥੩੯॥		Poor Rehiaa Theh Thribhavan Raao ||39||	The King of the three worlds is perfectly pervading and permeating there. ||39||	ਤਾਂ ਉਸ ਅਵਸਥਾ ਵਿਚ ਤਿੰਨਾਂ ਭਵਨਾਂ ਦਾ ਮਾਲਕ-ਪਰਮਾਤਮਾ ਹੀ (ਹਰ ਥਾਂ) ਵਿਆਪਕ ਦਿੱਸਦਾ ਹੈ ॥੩੯॥
15686	342	ਖਖਾ ਖੋਜਿ ਪਰੈ ਜਉ ਕੋਈ॥		Khakhaa Khoj Parai Jo Koee ||	KHAKHA: Anyone who seeks Him,	ਜੇ ਕੋਈ ਮਨੁੱਖ ਪਰਮਾਤਮਾ ਦੀ ਭਾਲ ਵਿਚ ਰੁੱਝ ਜਾਏ,
15687	342	ਜੋ ਖੋਜੈ ਸੋ ਬਹੁਰਿ ਨ ਹੋਈ॥		Jo Khojai So Bahur N Hoee ||	And by seeking Him, finds Him, shall not be born again.	(ਇਸ ਤਰ੍ਹਾਂ) ਜੋ ਭੀ ਮਨੁੱਖ ਪ੍ਰਭੂ ਨੂੰ ਲੱਭ ਲੈਂਦਾ ਹੈ ਉਹ ਮੁੜ ਜੰਮਦਾ ਮਰਦਾ ਨਹੀਂ।

15688	342	ਖੋਜ ਬੂਝਿ ਜਉ ਕਰੈ ਬੀਚਾਰਾ॥		Khoj Boojh Jo Karai Beechaaraa ||	When someone seeks Him, and comes to understand and contemplate Him,	ਜੋ ਕੋਈ ਜੀਵ ਪ੍ਰਭੂ ਦੇ ਗੁਣਾਂ ਨੂੰ ਸਮਝ ਕੇ ਉਹਨਾਂ ਨੂੰ ਮੁੜ ਮੁੜ ਚੇਤੇ ਕਰਦਾ ਹੈ,
15689	342	ਤਉ ਭਵਜਲ ਤਰਤ ਨ ਲਾਵੈ ਬਾਰਾ॥੪੦॥		Tho Bhavajal Tharath N Laavai Baaraa ||40||	Then he crosses over the terrifying world-ocean in an instant. ||40||	ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘਦਿਆਂ ਚਿਰ ਨਹੀਂ ਲਾਂਦਾ ॥੪੦॥
15690	342	ਸਸਾ ਸੋ ਸਹ ਸੇਜ ਸਵਾਰੈ॥	ਹਿਰਦਾ ਰੂਪੀ ਸੇਜ (ਸਹ) ਪਤੀ ਵਾਹਿਗੁਰੂ ਜੀ ਦੀ ਪ੍ਰਾਪਤੀ ਲਈ ਸਵਾਰੈ	Sasaa So Seh Saej Savaarai ||	SASSA: The bed of the soul-bride is adorned by her Husband Lord;	ਉਹ (ਜੀਵ-ਇਸਤ੍ਰੀ ਆਪਣੀ ਹਿਰਦਾ-ਰੂਪ) ਖਸਮ-ਪ੍ਰਭੂ ਦੀ ਸੇਜ ਸਵਾਰਦੀ ਹੈ,
15691	342	ਸੋਈ ਸਹੀ ਸੰਦੇਹ ਨਿਵਾਰੈ॥	(ਸੰਦੇਹ) ਸ਼ੱਕ। (ਨਿਵਾਰੈ) ਦੂਰ ਕਰੇ	Soee Sehee Sandhaeh Nivaarai ||	Her skepticism is dispelled.	ਉਹੀ (ਜੀਵ-) ਸਖੀ (ਆਪਣੇ ਮਨ ਦੇ) ਸੰਸੇ ਦੂਰ ਕਰਦੀ ਹੈ,
15692	342	ਅਲਪ ਸੁਖ ਛਾਡਿ ਪਰਮ ਸੁਖ ਪਾਵਾ॥	(ਅਲਪ) ਛੋਟੇ	Alap Sukh Shhaadd Param Sukh Paavaa ||	Renouncing the shallow pleasures of the world, she obtains the supreme delight.	ਜਿਹੜੀ (ਜੀਵ-ਇਸਤ੍ਰੀ ਦੁਨੀਆ ਵਾਲੇ) ਹੋਛੇ ਸੁਖ ਛੱਡ ਕੇ (ਪ੍ਰਭੂ ਦੇ ਪਿਆਰ ਦਾ) ਸਭ ਤੋਂ ਉੱਚਾ ਸੁਖ ਹਾਸਲ ਕਰਦੀ ਹੈ।
15693	342	ਤਬ ਇਹ ਤ੍ਰੀਅ ਉਹੁ ਕੰਤੁ ਕਹਾਵਾ॥੪੧॥	(ਤ੍ਰੀਅ) ਪਤੀਬ੍ਰਤਾ	Thab Eih Threea Ouhu Kanth Kehaavaa ||41||	Then, she is the soul-bride; He is called her Husband Lord. ||41||	(ਇਸ ਅਵਸਥਾ ਦੇ ਬਣਿਆਂ ਹੀ ਅਸਲੀ ਭਾਵ ਵਿਚ) ਤਦੋਂ ਇਹ (ਜੀਵ ਪ੍ਰਭੂ ਦੀ) ਇਸਤ੍ਰੀ, ਤੇ ਉਹ (ਪ੍ਰਭੂ ਜੀਵ-ਇਸਤ੍ਰੀ ਦਾ) ਖਸਮ ਅਖਵਾਉਂਦਾ ਹੈ ॥੪੧॥

15694	342	ਹਾਹਾ ਹੋਤ ਹੋਇ ਨਹੀ ਜਾਨਾ॥		Haahaa Hoth Hoe Nehee Jaanaa ||	HAHA: He exists, but He is not known to exist.	ਜੀਵ ਨੇ ਮਨੁੱਖਾ-ਜਨਮ ਹਾਸਲ ਕਰ ਕੇ ਉਸ ਪ੍ਰਭੂ ਨੂੰ ਨਹੀਂ ਪਛਾਤਾ, ਜੋ ਸੱਚ-ਮੁੱਚ ਹਸਤੀ ਵਾਲਾ ਹੈ।
15695	342	ਜਬ ਹੀ ਹੋਇ ਤਬਹਿ ਮਨੁ ਮਾਨਾ॥		Jab Hee Hoe Thabehi Man Maanaa ||	When He is known to exist, then the mind is pleased and appeased.	ਜਦੋਂ ਜੀਵ ਨੂੰ ਪ੍ਰਭੂ ਦੀ ਹਸਤੀ ਦਾ ਨਿਸ਼ਚਾ ਹੋ ਜਾਂਦਾ ਹੈ, ਤਦੋਂ ਹੀ ਇਸ ਦਾ ਮਨ (ਪ੍ਰਭੂ ਵਿਚ) ਪਤੀਜ ਜਾਂਦਾ ਹੈ।
15696	342	ਹੈ ਤਉ ਸਹੀ ਲਖੈ ਜਉ ਕੋਈ॥		Hai Tho Sehee Lakhai Jo Koee ||	Of course the Lord exists, if one could only understand Him.	(ਪਰਮਾਤਮਾ) ਹੈ ਤਾਂ ਜ਼ਰੂਰ (ਪਰ ਇਸ ਵਿਸ਼ਵਾਸ ਦਾ ਲਾਭ ਤਦੋਂ ਹੀ ਹੁੰਦਾ ਹੈ) ਜਦੋਂ ਕੋਈ ਜੀਵ (ਇਸ ਗੱਲ ਨੂੰ) ਸਮਝ ਲਏ।
15697	342	ਤਬ ਓਹੀ ਉਹੁ ਏਹੁ ਨ ਹੋਈ॥੪੨॥		Thab Ouhee Ouhu Eaehu N Hoee ||42||	Then, He alone exists, and not this mortal being. ||42||	ਤਦੋਂ ਇਹ ਜੀਵ ਉਸ ਪ੍ਰਭੂ ਦਾ ਰੂਪ ਹੀ ਹੋ ਜਾਂਦਾ ਹੈ, ਇਹ (ਵੱਖਰੀ ਹਸਤੀ ਵਾਲਾ) ਨਹੀਂ ਰਹਿ ਜਾਂਦਾ ॥੪੨॥
15698	342	ਲਿੰਉ ਲਿੰਉ ਕਰਤ ਫਿਰੈ ਸਭੁ ਲੋਗੁ॥	ਪਦਾਰਥ (ਲਿੰਉ) ਲੈ ਲਵਾਂ	Lino Lino Karath Firai Sabh Log ||	Everyone goes around saying, "I'll take this, and I'll take that."	ਸਾਰਾ ਜਗਤ ਇਹੀ ਆਖਦਾ ਫਿਰਦਾ ਹੈ (ਭਾਵ, ਇਸੇ ਲਾਲਸਾ ਵਿਚ ਭਟਕਦਾ ਫਿਰਦਾ ਹੈ) ਕਿ ਮੈਂ (ਮਾਇਆ) ਸਾਂਭ ਲਵਾਂ, ਮੈਂ (ਮਾਇਆ) ਇਕੱਠੀ ਕਰ ਲਵਾਂ।
15699	342	ਤਾ ਕਾਰਣਿ ਬਿਆਪੈ ਬਹੁ ਸੋਗੁ॥		Thaa Kaaran Biaapai Bahu Sog ||	Because of that, they suffer in terrible pain.	ਇਸ ਮਾਇਆ ਦੀ ਖ਼ਾਤਰ ਹੀ (ਫਿਰ ਜੀਵ ਨੂੰ) ਬੜਾ ਫ਼ਿਕਰ ਆ ਵਾਪਰਦਾ ਹੈ।

15700	342	ਲਖਿਮੀਬਰ ਸਿਉ ਜਉ ਲਿਉ ਲਾਵੈ॥	(ਲੱਖਿਮੀ-ਬਰ) ਮਾਇਆ ਦੇ ਪਤੀ ਵਾਹਿਗੁਰੂ ਜੀ। (ਲਿਉ) ਲਿਵ	Lakhimee Bar Sio Jo Lio Laavai ||	When someone comes to love the Lord of Lakhshmi,	ਪਰ ਜਦੋਂ ਜੀਵ ਮਾਇਆ ਦੇ ਪਤੀ ਪਰਮਾਤਮਾ ਨਾਲ ਪ੍ਰੀਤ ਜੋੜਦਾ ਹੈ,
15701	342	ਸੋਗੁ ਮਿਟੈ ਸਭ ਹੀ ਸੁਖ ਪਾਵੈ॥੪੩॥		Sog Mittai Sabh Hee Sukh Paavai ||43||	His sorrow departs, and he obtains total peace. ||43||	ਤਦੋਂ (ਇਸ ਦਾ) ਫ਼ਿਕਰ ਮੁੱਕ ਜਾਂਦਾ ਹੈ, ਤੇ ਇਹ ਸਾਰੇ ਸੁਖ ਹਾਸਲ ਕਰ ਲੈਂਦਾ ਹੈ ॥੪੩॥
15702	342	ਖਖਾ ਖਿਰਤ ਖਪਤ ਗਏ ਕੇਤੇ॥	(ਖਿਰਤ) ਨਾਸ ਹੁੰਦੇ। ਖੱਖਾ	Khakhaa Khirath Khapath Geae Kaethae ||	KHAKHA: Many have wasted their lives, and then perished.	ਮਰਦਿਆਂ ਖਪਦਿਆਂ ਜੀਵ ਦੇ ਕਈ ਜਨਮ ਲੰਘ ਗਏ ਹਨ;
15703	342	ਖਿਰਤ ਖਪਤ ਅਜਹੂੰ ਨਹ ਚੇਤੇ॥		Khirath Khapath Ajehoon Neh Chaethae ||	Wasting away, they do not remember the Lord, even now.	ਪਰ, ਗੇੜ ਵਿਚ ਪਿਆ ਅਜੇ ਤਕ ਇਹ (ਪ੍ਰਭੂ ਨੂੰ) ਯਾਦ ਨਹੀਂ ਕਰਦਾ।
15704	342	ਅਬ ਜਗੁ ਜਾਨਿ ਜਉ ਮਨਾ ਰਹੈ॥	ਜੱਗੁ। (ਮਨ੍ਹਾ) ਪਿੱਛੇ ਹਟਿਆ	Ab Jag Jaan Jo Manaa Rehai ||	But if someone, even now, comes to know the transitory nature of the world and restrain his mind,	ਹੁਣ (ਐਸ ਜਨਮ ਵਿਚ ਹੀ) ਜੇ ਜਗਤ ਦੀ ਅਸਲੀਅਤ ਨੂੰ ਸਮਝ ਕੇ (ਇਸ ਦਾ) ਮਨ (ਪ੍ਰਭੂ ਵਿਚ) ਟਿਕ ਜਾਏ,
15705	342	ਜਹ ਕਾ ਬਿਛੁਰਾ ਤਹ ਥਿਰੁ ਲਹੈ॥੪੪॥		Jeh Kaa Bishhuraa Theh Thhir Lehai ||44||	He shall find his permanent home, from which he was separated. ||44||	ਤਾਂ ਜਿਸ ਪ੍ਰਭੂ ਤੋਂ ਇਹ ਵਿਛੜਿਆ ਹੋਇਆ ਹੈ, ਉਸ ਵਿਚ ਇਸ ਨੂੰ ਟਿਕਾਣਾ ਮਿਲ ਸਕਦਾ ਹੈ ॥੪੪॥
15706	343	ਬਾਵਨ ਅਖਰ ਜੋਰੇ ਆਨਿ॥		Baavan Akhar Jorae Aan ||	The fifty-two letters have been joined together.	(ਜਗਤ ਨੇ) ਬਵੰਜਾ ਅੱਖਰ ਵਰਤ ਕੇ ਪੁਸਤਕਾਂ ਤਾਂ ਲਿਖ ਦਿੱਤੀਆਂ ਹਨ,

15707	343	ਸਕਿਆ ਨ ਅਖਰੁ ਏਕੁ ਪਛਾਨਿ॥	(ਅੱਖਰੁ) ਬ੍ਰਹਮ	Sakiaa N Akhar Eaek Pashhaan ||	But people cannot recognize the One Word of God.	ਪਰ (ਇਹ ਜਗਤ ਇਹਨਾਂ ਪੁਸਤਕਾਂ ਦੀ ਰਾਹੀਂ) ਉਸ ਇੱਕ ਪ੍ਰਭੂ ਨੂੰ ਨਹੀਂ ਪਛਾਣ ਸਕਿਆ, ਜੋ ਨਾਸ-ਰਹਿਤ ਹੈ।
15708	343	ਸਤ ਕਾ ਸਬਦੁ ਕਬੀਰਾ ਕਹੈ॥	ਸੱਤ	Sath Kaa Sabadh Kabeeraa Kehai ||	Kabeer speaks the Shabad, the Word of Truth.	ਹੇ ਕਬੀਰ! ਜੋ ਮਨੁੱਖ (ਇਹਨਾਂ ਅੱਖਰਾਂ ਦੀ ਰਾਹੀਂ) ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ,
15709	343	ਪੰਡਿਤ ਹੋਇ ਸੁ ਅਨਭੈ ਰਹੈ॥	ਅਨ-ਭੈ	Panddith Hoe S Anabhai Rehai ||	One who is a Pandit, a religious scholar, must remain fearless.	ਉਹੀ ਹੈ ਪੰਡਿਤ, ਤੇ, ਉਹ ਗਿਆਨ-ਅਵਸਥਾ ਵਿਚ ਟਿਕਿਆ ਰਹਿੰਦਾ ਹੈ।
15710	343	ਪੰਡਿਤ ਲੋਗਹ ਕਉ ਬਿਉਹਾਰ॥		Panddith Logeh Ko Biouhaar ||	It is the business of the scholarly person to join letters.	ਪਰ ਪੰਡਿਤ ਲੋਕਾਂ ਨੂੰ ਤਾਂ ਇਹ ਵਿਹਾਰ ਲੱਭਾ ਹੋਇਆ ਹੈ (ਕਿ ਅੱਖਰ ਜੋੜ ਕੇ ਹੋਰਨਾਂ ਨੂੰ ਸੁਣਾ ਦੇਂਦੇ ਹਨ),
15711	343	ਗਿਆਨਵੰਤ ਕਉ ਤਤੁ ਬੀਚਾਰ॥		Giaanavanth Ko Thath Beechaar ||	The spiritual person contemplates the essence of reality.	ਗਿਆਨ-ਵਾਨ ਲੋਕਾਂ ਲਈ (ਇਹ ਅੱਖਰ) ਤੱਤ ਦੇ ਵਿਚਾਰਨ ਦਾ ਵਸੀਲਾ ਹਨ।
15712	343	ਜਾ ਕੈ ਜੀਅ ਜੈਸੀ ਬੁਧਿ ਹੋਈ॥		Jaa Kai Jeea Jaisee Budhh Hoee ||	According to the wisdom within the mind,	ਜਿਸ ਜੀਵ ਦੇ ਅੰਦਰ ਜਿਹੋ ਜਿਹੀ ਅਕਲ ਹੁੰਦੀ ਹੈ,
15713	343	ਕਹਿ ਕਬੀਰ ਜਾਨੈਗਾ ਸੋਈ॥੪੫॥		Kehi Kabeer Jaanaigaa Soee ||45||	Says Kabeer, so does one come to understand. ||45||	ਕਬੀਰ ਆਖਦਾ ਹੈ- ਉਹ (ਇਹਨਾਂ ਅੱਖਰਾਂ ਦੀ ਰਾਹੀਂ ਭੀ) ਉਹੀ ਕੁਝ ਸਮਝੇਗਾ (ਭਾਵ, ਪੁਸਤਕਾਂ ਲਿਖ ਪੜ੍ਹ ਕੇ ਆਤਮਕ ਜੀਵਨ ਦਾ ਜਾਣਨ ਵਾਲਾ ਹੋ ਜਾਣਾ ਜ਼ਰੂਰੀ ਨਹੀਂ ਹੈ) ॥੪੫॥

15714	343	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
15715	343	ਰਾਗੁ ਗਉੜੀ ਥਿਤੀ ਕਬੀਰ ਜੀ ਕੀ॥		Raag Gourree Thhithanee Kabeer Jee Kanee ||	Raag Gauree, T'hitee ~ The Lunar Days Of Kabeer Jee:	ਰਾਗ ਗਉੜੀ ਵਿੱਚ ਭਗਤ ਕਬੀਰ ਜੀ ਦੀ 'ਥਿਤੀ' (ਚੰਦ੍ਰਮਾ ਦੇ ਚੜ੍ਹਾ-ਉਤਰਾ ਨਾਲ ਸਭੰਧਤ ਦਿਨਾ ਬਾਰੇ) ਬਾਣੀ।
15716	343	ਸਲੋਕੁ॥		Salok ||	Shalok:	
15717	343	ਪੰਦ੍ਰਹ ਥਿਤੀ ਸਾਤ ਵਾਰ॥		Pandhreh Thhithanee Saath Vaar ||	There are fifteen lunar days, and seven days of the week.	(ਭਰਮੀ ਲੋਕ ਤਾਂ ਵਰਤ ਆਦਿਕ ਰੱਖ ਕੇ) ਪੰਦ੍ਰਹ ਥਿੱਤਾਂ ਤੇ ਸੱਤ ਵਾਰ (ਮਨਾਉਂਦੇ ਹਨ),
15718	343	ਕਹਿ ਕਬੀਰ ਉਰਵਾਰ ਨ ਪਾਰ॥		Kehi Kabeer Ouravaar N Paar ||	Says Kabeer, it is neither here nor there.	ਪਰ ਕਬੀਰ (ਇਹਨਾਂ ਥਿੱਤਾਂ ਵਾਰਾਂ ਦੀ ਰਾਹੀਂ ਹਰ ਰੋਜ਼) ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ ਜੋ ਬੇਅੰਤ ਹੈ।
15719	343	ਸਾਧਿਕ ਸਿਧ ਲਖੈ ਜਉ ਭੇਉ॥		Saadhhik Sidhh Lakhai Jo Bhaeo ||	When the Siddhas and seekers come to know the Lord's mystery	ਸਿਫ਼ਤਿ-ਸਾਲਾਹ ਦਾ ਸਾਧਨ ਕਰਨ ਵਾਲਾ ਜੋ ਭੀ ਮਨੁੱਖ ਉਸ ਪ੍ਰਭੂ ਦਾ ਭੇਤ ਪਾ ਲੈਂਦਾ ਹੈ (ਭਾਵ, ਡੂੰਘੀ ਸਾਂਝ ਉਸ ਨਾਲ ਬਣਾ ਲੈਂਦਾ ਹੈ)
15720	343	ਆਪੇ ਕਰਤਾ ਆਪੇ ਦੇਉ॥੧॥	(ਦੇਉ) ਪ੍ਰਕਾਸ਼ ਸਰੂਪ	Aapae Karathaa Aapae Dhaeo ||1||	They themselves become the Creator; they themselves become the Divine Lord. ||1||	ਉਸ ਨੂੰ ਪ੍ਰਕਾਸ਼-ਸਰੂਪ ਕਰਤਾਰ ਆਪ ਹੀ ਆਪ ਹਰ ਥਾਂ ਦਿੱਸਦਾ ਹੈ ॥੧॥

15721	343	ਥਿਤੀ॥		Thhithanee ||	T'hitee:	
15722	343	ਅੰਮਾਵਸ ਮਹਿ ਆਸ ਨਿਵਾਰਹੁ॥	(ਅੰਮਾਵਸ) ਮੱਸਿਆ	Anmaavas Mehi Aas Nivaarahu ||	On the day of the new moon, give up your hopes.	ਮੱਸਿਆ ਵਾਲੇ ਦਿਨ (ਵਰਤ-ਇਸ਼ਨਾਨ ਆਦਿਕ ਤੇ ਹੋਰ ਹੋਰ) ਆਸਾਂ ਦੂਰ ਕਰੋ,
15723	343	ਅੰਤਰਜਾਮੀ ਰਾਮੁ ਸਮ੍ਹਾਰਹੁ॥		Antharajaamee Raam Samaarahu ||	Remember the Lord, the Inner-knower, the Searcher of hearts.	ਘਰ ਘਟ ਦੀ ਜਾਣਨ ਵਾਲੇ ਸਰਬ-ਵਿਆਪਕ ਪਰਮਾਤਮਾ ਨੂੰ ਹਿਰਦੇ ਵਿਚ ਵਸਾਓ।
15724	343	ਜੀਵਤ ਪਾਵਹੁ ਮੋਖ ਦੁਆਰ॥		Jeevath Paavahu Mokh Dhuaar ||	You shall attain the Gate of Liberation while yet alive.	(ਤੁਸੀ ਇਹਨਾਂ ਥਿੱਤਾਂ ਨਾਲ ਜੋੜੇ ਹੋਏ ਕਰਮ-ਧਰਮ ਕਰ ਕੇ ਮਰਨ ਪਿਛੋਂ ਕਿਸੇ ਮੁਕਤੀ ਦੀ ਆਸ ਰੱਖਦੇ ਹੋ, ਪਰ ਜੇ ਪਰਮਾਤਮਾ ਦਾ ਸਿਮਰਨ ਕਰੋਗੇ, ਤਾਂ) ਇਸੇ ਜਨਮ ਵਿਚ (ਵਿਕਾਰਾਂ ਦੁੱਖਾਂ ਅਤੇ ਭਰਮਾਂ-ਵਹਿਮਾਂ ਤੋਂ) ਖ਼ਲਾਸੀ ਹਾਸਲ ਕਰ ਲਵੋਗੇ।
15725	343	ਅਨਭਉ ਸਬਦੁ ਤਤੁ ਨਿਜੁ ਸਾਰ॥੧॥	(ਤਤੁ) ਅਸਲਾ। (ਨਿਜੁ) ਅਪਣਾ। (ਸਾਰ) ਸ੍ਰੇਸ਼ਟ। ਅਨ-ਭਉ	Anabho Sabadh Thath Nij Saar ||1||	You shall come to know the Shabad, the Word of the Fearless Lord, and the essence of your own inner being. ||1||	(ਇਸ ਸਿਮਰਨ ਦੀ ਬਰਕਤ ਨਾਲ) ਤੁਹਾਡਾ ਨਿਰੋਲ ਆਪਣਾ ਸ੍ਰੇਸ਼ਟ ਅਸਲਾ ਮਘ ਪਏਗਾ, ਸਤਿਗੁਰੂ ਦਾ ਸ਼ਬਦ ਅਨੁਭਵੀ ਰੂਪ ਵਿਚ ਫੁਰੇਗਾ ॥੧॥
15726	343	ਚਰਨਕਮਲ ਗੋਬਿੰਦ ਰੰਗੁ ਲਾਗਾ॥		Charan Kamal Gobindh Rang Laagaa ||	One who enshrines love for the Lotus Feet of the Lord of the Universe	ਜਿਸ ਮਨੁੱਖ ਦਾ ਪਿਆਰ ਗੋਬਿੰਦ ਦੇ ਸੁਹਣੇ ਚਰਨਾਂ ਨਾਲ ਬਣ ਜਾਂਦਾ ਹੈ,

15727	343	ਸੰਤ ਪ੍ਰਸਾਦਿ ਭਏ ਮਨ ਨਿਰਮਲ ਹਰਿ ਕੀਰਤਨ ਮਹਿ ਅਨ ਦਿਨੁ ਜਾਗਾ॥੧॥ਰਹਾਉ॥		Santh Prasaadh Bheae Man Niramal Har Keerathan Mehi Anadhin Jaagaa ||1|| Rehaao ||	- by the Grace of the Saints, her mind becomes pure; night and day, she remains awake and aware, singing the Kirtan of the Lord's Praises. ||1||Pause||	ਗੁਰੂ ਦੀ ਕਿਰਪਾ ਨਾਲ ਉਸ ਦਾ ਮਨ ਪਵਿੱਤਰ ਹੋ ਜਾਂਦਾ ਹੈ। ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਜੁੜ ਕੇ ਉਹ ਮਨੁੱਖ ਵਿਕਾਰਾਂ ਵਲੋਂ ਹਰ ਵੇਲੇ ਸੁਚੇਤ ਰਹਿੰਦਾ ਹੈ ॥੧॥ ਰਹਾਉ ॥
15728	343	ਪਰਿਵਾ ਪ੍ਰੀਤਮ ਕਰਹੁ ਬੀਚਾਰ॥	(ਪਰਿਵਾ) ਏਕਮ	Parivaa Preetham Karahu Beechaar ||	On the first day of the lunar cycle, contemplate the Beloved Lord.	(ਹੇ ਭਾਈ!) ਉਸ ਪ੍ਰੀਤਮ (ਦੇ ਗੁਣਾਂ) ਦਾ ਵਿਚਾਰ ਕਰੋ (ਉਸ ਪ੍ਰੀਤਮ ਦੀ ਸਿਫ਼ਤਿ-ਸਾਲਾਹ ਕਰੋ,
15729	343	ਘਟ ਮਹਿ ਖੇਲੈ ਅਘਟ ਅਪਾਰ॥	ਖ੍ਹੇਲੈ। ਅ-ਘਟ: ਪੋਲਾ ਬੋਲੋ	Ghatt Mehi Khaelai Aghatt Apaar ||	He is playing within the heart; He has no body - He is Infinite.	ਜੋ ਸਰੀਰਾਂ ਦੀ ਕੈਦ ਵਿਚ ਨਹੀਂ ਆਉਂਦਾ, ਬੇਅੰਤ ਹੈ ਅਤੇ (ਫਿਰ ਭੀ) ਹਰੇਕ ਸਰੀਰ ਵਿਚ ਖੇਡ ਰਿਹਾ ਹੈ
15730	343	ਕਾਲ ਕਲਪਨਾ ਕਦੇ ਨ ਖਾਇ॥	ਕਲਪਨਾ: ਪੋਲਾ ਬੋਲੋ	Kaal Kalapanaa Kadhae N Khaae ||	The pain of death never consumes that person	ਜੋ ਮਨੁੱਖ ਪ੍ਰੀਤਮ-ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ) ਉਸ ਨੂੰ ਕਦੇ ਮੌਤ ਦਾ ਡਰ ਨਹੀਂ ਪੁੱਹਦਾ,
15731	343	ਆਦਿ ਪੁਰਖ ਮਹਿ ਰਹੈ ਸਮਾਇ॥੨॥		Aadh Purakh Mehi Rehai Samaae ||2||	Who remains absorbed in the Primal Lord God. ||2||	(ਕਿਉਂਕਿ) ਉਹ ਸਦਾ ਸਭ ਦੇ ਸਿਰਜਣ ਵਾਲੇ ਅਕਾਲ ਪੁਰਖ ਵਿਚ ਜੁੜਿਆ ਰਹਿੰਦਾ ਹੈ ॥੨॥

15732	343	ਦੁਤੀਆ ਦੁਹਕਰਿ ਜਾਨੈ ਅੰਗ॥	(ਦੁਹ-ਕਰਿ) ਕਠਨ। (ਦੂਜਾ ਪਾਠ: ਦੁਹ ਕਰਿ)	Dhutheeaa Dhuh Kar Jaanai Ang ||	On the second day of the lunar cycle, know that there are two beings within the fiber of the body.	(ਉਹ ਮਨੁੱਖ ਇਹ ਸਮਝ ਲੈਂਦਾ ਹੈ ਕਿ ਜਗਤ ਨਿਰਾ ਪ੍ਰਕਿਤੀ ਨਹੀਂ ਹੈ,
15733	343	ਮਾਇਆ ਬ੍ਰਹਮ ਰਮੈ ਸਭ ਸੰਗ॥		Maaeiaa Breham Ramai Sabh Sang ||	Maya and God are blended with everything.	ਉਹ ਇਸ ਸੰਸਾਰ ਦੇ) ਦੋ ਅੰਗ ਸਮਝਦਾ ਹੈ-ਮਾਇਆ ਅਤੇ ਬ੍ਰਹਮ।
15734	343	ਨਾ ਓਹੁ ਬਢੈ ਨ ਘਟਤਾ ਜਾਇ॥		Naa Ouhu Badtai N Ghattathaa Jaae ||	God does not increase or decrease.	ਬ੍ਰਹਮ (ਇਸ ਮਾਇਆ ਦੇ ਵਿਚ) ਹਰੇਕ ਦੇ ਨਾਲ ਵੱਸ ਰਿਹਾ ਹੈ, ਉਹ ਕਦੇ ਵਧਦਾ ਘਟਦਾ ਨਹੀਂ ਹੈ, ਸਦਾ ਇਕੋ ਜਿਹਾ ਰਹਿੰਦਾ ਹੈ।
15735	343	ਅਕੁਲ ਨਿਰੰਜਨ ਏਕੈ ਭਾਇ॥੩॥	ਅ-ਕੁਲ: ਪੋਲਾ ਬੋਲੋ	Akul Niranjan Eaekai Bhaae ||3||	He is unknowable and immaculate; He does not change. ||3||	ਉਸ ਦੀ ਕੋਈ ਖ਼ਾਸ ਕੁਲ ਨਹੀਂ ਹੈ, ਉਹ ਨਿਰੰਜਨ ਹੈ (ਭਾਵ, ਇਹ ਮਾਇਆ ਉਸ ਤੇ ਆਪਣਾ ਪ੍ਰਭਾਵ ਨਹੀਂ ਪਾ ਸਕਦੀ) ॥੩॥
15736	343	ਤ੍ਰਿਤੀਆ ਤੀਨੇ ਸਮ ਕਰਿ ਲਿਆਵੈ॥		Thritheeaa Theenae Sam Kar Liaavai ||	On the third day of the lunar cycle, one who maintains his equilibrium amidst the three modes	(ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨ ਵਾਲਾ ਮਨੁੱਖ) ਮਾਇਆ ਦੇ ਤਿੰਨਾਂ ਗੁਣਾਂ ਨੂੰ ਸਹਿਜ ਅਵਸਥਾ ਵਿਚ ਸਾਵੇਂ ਰੱਖਦਾ ਹੈ (ਭਾਵ, ਉਹ ਇਹਨਾਂ ਗੁਣਾਂ ਵਿਚ ਕਦੇ ਨਹੀਂ ਡੋਲਦਾ),
15737	343	ਆਨਦ ਮੂਲ ਪਰਮਪਦੁ ਪਾਵੈ॥		Aanadh Mool Param Padh Paavai ||	Finds the source of ecstasy and the highest status.	ਉਹ ਮਨੁੱਖ ਉਸ ਸਭ ਤੋਂ ਉੱਚੀ ਆਤਮਕ ਅਵਸਥਾ ਨੂੰ ਹਾਸਲ ਕਰ ਲੈਂਦਾ ਹੈ ਜੋ ਅਨੰਦ ਦਾ ਸੋਮਾ ਹੈ।

15738	343	ਸਾਧਸੰਗਤਿ ਉਪਜੈ ਬਿਸ੍ਵਾਸ॥	ਬਿਸ੍ਵਾਸ: ਅੱਧਾ ਵਾਵਾ ਪੋਲਾ ਬੋਲੋ, ਪੂਰਾ ਵਾਵਾ ਭਰਵਾਂ ਬੋਲੀਦਾ ਹੈ	Saadhhasangath Oupajai Bisvaas ||	In the Saadh Sangat, the Company of the Holy, faith wells up.	ਸਤਸੰਗ ਵਿਚ ਰਹਿ ਕੇ ਉਸ ਮਨੁੱਖ ਦੇ ਅੰਦਰ ਇਹ ਯਕੀਨ ਪੈਦਾ ਹੋ ਜਾਂਦਾ ਹੈ,
15739	343	ਬਾਹਰਿ ਭੀਤਰਿ ਸਦਾ ਪ੍ਰਗਾਸ॥੪॥		Baahar Bheethar Sadhaa Pragaas ||4||	Outwardly, and deep within, God's Light is always radiant. ||4||	ਕਿ ਅੰਦਰ ਬਾਹਰ ਹਰ ਥਾਂ ਸਦਾ ਪ੍ਰਭੂ ਦਾ ਹੀ ਪ੍ਰਕਾਸ਼ ਹੈ ॥੪॥
15740	343	ਚਉਥਹਿ ਚੰਚਲ ਮਨ ਕਉ ਗਹਹੁ॥		Chouthhehi Chanchal Man Ko Gehahu ||	On the fourth day of the lunar cycle, restrain your fickle mind,	ਚੌਥੀ ਥਿੱਤ ਨੂੰ (ਕਿਸੇ ਕਰਮ-ਧਰਮ ਦੇ ਥਾਂ) ਇਸ ਚੰਚਲ ਮਨ ਨੂੰ ਪਕੜ ਕੇ ਰੱਖੋ,
15741	343	ਕਾਮ ਕ੍ਰੋਧ ਸੰਗਿ ਕਬਹੁ ਨ ਬਹਹੁ॥		Kaam Krodhh Sang Kabahu N Behahu ||	And do not ever associate with sexual desire or anger.	ਕਦੇ ਕਾਮ ਕ੍ਰੋਧ ਦੀ ਸੰਗਤਿ ਵਿਚ ਨਾਹ ਬੈਠੋ।
15742	343	ਜਲ ਥਲ ਮਾਹੇ ਆਪਹਿ ਆਪ॥		Jal Thhal Maahae Aapehi Aap ||	On land and sea, He Himself is in Himself.	ਜੋ ਪਰਮਾਤਮਾ ਜਲ ਵਿਚ, ਧਰਤੀ ਉੱਤੇ (ਹਰ ਥਾਂ) ਆਪ ਹੀ ਆਪ ਵਿਆਪਕ ਹੈ,
15743	343	ਆਪੈ ਜਪਹੁ ਆਪਨਾ ਜਾਪੁ॥੫॥		Aapai Japahu Aapanaa Jaap ||5||	He Himself meditates and chants His Chant. ||5||	ਉਸ ਦੀ ਜੋਤ ਵਿਚ ਜੁੜ ਕੇ ਉਹ ਜਾਪ ਜਪੋ ਜੋ ਤੁਹਾਡੇ ਕੰਮ ਆਉਣ ਵਾਲਾ ਹੈ ॥੫॥
15744	343	ਪਾਂਚੈ ਪੰਚ ਤਤ ਬਿਸਥਾਰ॥		Paanchai Panch Thath Bisathhaar ||	On the fifth day of the lunar cycle, the five elements expand outward.	ਇਹ ਜਗਤ ਪੰਜਾਂ ਤੱਤਾਂ ਤੋਂ (ਇਕ ਖੇਲ ਜਿਹਾ) ਬਣਿਆ ਹੈ,
15745	343	ਕਨਿਕ ਕਾਮਿਨੀ ਜੁਗ ਬਿਉਹਾਰ॥	ਜੁੱਗ	Kanik Kaaminee Jug Biouhaar ||	Men are occupied in the pursuit of gold and women.	(ਜੋ ਚਾਰ ਦਿਨ ਵਿਚ ਖ਼ਤਮ ਹੋ ਜਾਂਦਾ ਹੈ, ਪਰ ਇਹ ਗੱਲ ਵਿਸਾਰ ਕੇ ਇਹ ਜੀਵ) ਧਨ ਤੇ ਇਸਤ੍ਰੀ ਇਹਨਾਂ ਦੋਹਾਂ ਦੇ ਰੁਝੇਵੇਂ ਵਿਚ ਮਸਤ ਹੋ ਰਿਹਾ ਹੈ।

15746	343	ਪ੍ਰੇਮ ਸੁਧਾ ਰਸੁ ਪੀਵੈ ਕੋਇ॥	ਸੁਧਾ:ਪੋਲਾ ਬੋਲੋ। (ਸੁਧਾ) ਅੰਮ੍ਰਿਤ	Praem Sudhhaa Ras Peevai Koe ||	How rare are those who drink in the pure essence of the Lord's Love.	ਇਥੇ ਕੋਈ ਵਿਰਲਾ ਮਨੁੱਖ ਹੈ ਜੋ ਪਰਮਾਤਮਾ ਦੇ ਪ੍ਰੇਮ-ਅੰਮ੍ਰਿਤ ਦਾ ਘੁਟ ਪੀਂਦਾ ਹੈ,
15747	343	ਜਰਾ ਮਰਣ ਦੁਖੁ ਫੇਰਿ ਨ ਹੋਇ॥੬॥		Jaraa Maran Dhukh Faer N Hoe ||6||	They shall never again suffer the pains of old age and death. ||6||	(ਜੋ ਪੀਂਦਾ ਹੈ ਉਸ ਨੂੰ ਬੁਢੇਪੇ ਅਤੇ ਮੌਤ ਦਾ ਸਹਿਮ ਮੁੜ ਕਦੇ ਨਹੀਂ ਵਿਆਪਦਾ ॥੬॥
15748	343	ਛਠਿ ਖਟੁ ਚਕ੍ਰ ਛਹੂੰ ਦਿਸ ਧਾਇ॥	ਛਠਿ, ਖਟੁ: ਪੋਲੇ ਬੋਲੋ। ਚੱਕ੍ਰ	Shhath Khatt Chakr Shhehoon Dhis Dhhaae ||	On the sixth day of the lunar cycle, the six chakras run in six directions.	ਮਨੁੱਖ ਦੇ ਪੰਜੇ ਗਿਆਨ-ਇੰਦਰੇ ਅਤੇ ਛੇਵਾਂ ਮਨ-ਇਹ ਸਾਰਾ ਸਾਥ ਸੰਸਾਰ (ਦੇ ਪਦਾਰਥਾਂ ਦੀ ਲਾਲਸਾ) ਵਿਚ ਭਟਕਦਾ ਫਿਰਦਾ ਹੈ।
15749	343	ਬਿਨੁ ਪਰਚੈ ਨਹੀ ਥਿਰਾ ਰਹਾਇ॥		Bin Parachai Nehee Thhiraa Rehaae ||	Without enlightenment, the body does not remain steady.	ਜਦ ਤਕ ਮਨੁੱਖ ਪ੍ਰਭੂ ਦੀ ਯਾਦ ਵਿਚ ਨਹੀਂ ਜੁੜਦਾ, ਤਦ ਤਕ ਇਹ ਸਾਰਾ ਸਾਥ (ਇਸ ਭਟਕਣਾ ਵਿਚੋਂ ਹਟ ਕੇ) ਟਿਕਦਾ ਨਹੀਂ।
15750	343	ਦੁਬਿਧਾ ਮੇਟਿ ਖਿਮਾ ਗਹਿ ਰਹਹੁ॥		Dhubidhhaa Maett Khimaa Gehi Rehahu ||	So erase your duality and hold tight to forgiveness,	ਹੇ ਭਾਈ! ਭਟਕਣਾ ਮਿਟਾ ਕੇ ਜਿਰਾਂਦ ਧਾਰਨ ਕਰੋ ਤੇ ਛੱਡੋ।
15751	343	ਕਰਮ ਧਰਮ ਕੀ ਸੂਲ ਨ ਸਹਹੁ॥੭॥	(ਸੂਲ) ਦੁੱਖ	Karam Dhharam Kee Sool N Sehahu ||7||	And you will not have to endure the torture of karma or religious rituals. ||7||	ਇਹ ਕਰਮਾਂ ਧਰਮਾਂ ਦਾ ਲੰਮਾ ਟੰਟਾ (ਜਿਸ ਵਿਚੋਂ ਕੁਝ ਭੀ ਹੱਥ ਨਹੀਂ ਆਉਣਾ) ॥੭॥

15752	343	ਸਾਤੈਂ ਸਤਿ ਕਰਿ ਬਾਚਾ ਜਾਣਿ॥	ਗੁਰੂ ਜੀ ਦੇ (ਬਾਚਾ) ਬਚਨ, ਗੁਰਬਾਣੀ	Saathain Sath Kar Baachaa Jaan ||	On the seventh day of the lunar cycle, know the Word as True,	ਹੇ ਭਾਈ! ਸਤਿਗੁਰੂ ਦੀ ਬਾਣੀ ਵਿਚ ਸ਼ਰਧਾ ਧਾਰੋ,
15753	343	ਆਤਮ ਰਾਮੁ ਲੇਹੁ ਪਰਵਾਣਿ॥		Aatham Raam Laehu Paravaan ||	And you shall be accepted by the Lord, the Supreme Soul.	(ਇਸ ਬਾਣੀ ਦੀ ਰਾਹੀਂ) ਪਰਮਾਤਮਾ (ਦੇ ਨਾਮ) ਨੂੰ (ਆਪਣੇ ਹਿਰਦੇ ਵਿਚ) ਪ੍ਰੋ ਲਵੋ;
15754	343	ਛੂਟੈ ਸੰਸਾ ਮਿਟਿ ਜਾਹਿ ਦੁਖ॥		Shhoottai Sansaa Mitt Jaahi Dhukh ||	Your doubts shall be eradicated, and your pains eliminated,	(ਇਸ ਤਰ੍ਹਾਂ) ਸਹਿਮ ਦੂਰ ਹੋ ਜਾਇਗਾ, ਦੁਖ-ਕਲੇਸ਼ ਮਿਟ ਜਾਣਗੇ, ਉਸ ਸਰੋਵਰ ਵਿਚ ਚੁੱਭੀ ਲਾ ਸਕੋਗੇ,
15755	343	ਸੁੰਨ ਸਰੋਵਰਿ ਪਾਵਹੁ ਸੁਖ॥੮॥		Sunn Sarovar Paavahu Sukh ||8||	And in the ocean of the celestial void, you shall find peace. ||8||	ਜਿਥੇ ਸਹਿਮ ਆਦਿਕ ਦੇ ਕੋਈ ਫੁਰਨੇ ਨਹੀਂ ਉਠਦੇ ਅਤੇ ਸੁਖ ਮਾਣੋ ॥੮॥
15756	343	ਅਸਟਮੀ ਅਸਟ ਧਾਤੁ ਕੀ ਕਾਇਆ॥		Asattamee Asatt Dhhaath Kee Kaaeiaa ||	On the eighth day of the lunar cycle, the body is made of the eight ingredients.	ਇਹ ਸਰੀਰ (ਲਹੂ ਆਦਿਕ) ਅੱਠ ਧਾਤਾਂ ਦਾ ਬਣਿਆ ਹੋਇਆ ਹੈ,
15757	343	ਤਾ ਮਹਿ ਅਕੁਲ ਮਹਾ ਨਿਧਿ ਰਾਇਆ॥	ਅ-ਕੁਲ: ਪੋਲਾ ਬੋਲੋ	Thaa Mehi Akul Mehaa Nidhh Raaeiaa ||	Within it is the Unknowable Lord, the King of the supreme treasure.	ਇਸ ਵਿਚ ਉਹ ਪਰਮਾਤਮਾ ਵੱਸ ਰਿਹਾ ਹੈ ਜਿਸ ਦੀ ਕੋਈ ਖ਼ਾਸ ਕੁਲ ਨਹੀਂ ਹੈ ਜੋ ਸਭ ਗੁਣਾਂ ਦਾ ਖ਼ਜ਼ਾਨਾ ਹੈ।
15758	343	ਗੁਰ ਗਮ ਗਿਆਨ ਬਤਾਵੈ ਭੇਦ॥	ਗਮ:ਪੋਲਾ ਬੋਲੋ। (ਗਮ) ਪ੍ਰਾਪਤੀ	Gur Gam Giaan Bathaavai Bhaedh ||	The Guru, who knows this spiritual wisdom, reveals the secret of this mystery.	ਜਿਸ ਮਨੁੱਖ ਨੂੰ ਪਹੁੰਚ ਵਾਲੇ ਗੁਰੂ ਦਾ ਗਿਆਨ ਇਹ ਭੇਦ (ਕਿ ਸਰੀਰ ਦੇ ਵਿੱਚ ਹੀ ਹੈ ਪ੍ਰਭੂ) ਦੱਸਦਾ ਹੈ,

15759	343	ਉਲਟਾ ਰਹੈ ਅਭੰਗ ਅਛੇਦ॥੯॥	ਅ-ਭੰਗ	Oulattaa Rehai Abhang Ashhaedh ||9||	Turning away from the world, He abides in the Unbreakable and Impenetrable Lord. ||9||	ਉਹ ਸਰੀਰਕ ਮੋਹ ਵਲੋਂ ਪਰਤ ਕੇ ਅਬਿਨਾਸ਼ੀ ਪ੍ਰਭੂ ਵਿਚ ਜੁੜਿਆ ਰਹਿੰਦਾ ਹੈ ॥੯॥
15760	343	ਨਉਮੀ ਨਵੈ ਦੁਆਰ ਕਉ ਸਾਧਿ॥		Noumee Navai Dhuaar Ko Saadhh ||	On the ninth day of the lunar cycle, discipline the nine gates of the body.	(ਹੇ ਭਾਈ!) ਸਾਰੇ ਸਰੀਰਕ ਇੰਦ੍ਰਿਆਂ ਨੂੰ ਕਾਬੂ ਵਿਚ ਰੱਖੇ,
15761	343	ਬਹਤੀ ਮਨਸਾ ਰਾਖਹੁ ਬਾਂਧਿ॥	(ਮਨਸਾ) ਇੱਛਾ	Behathee Manasaa Raakhahu Baandhh ||	Keep your pulsating desires restrained.	ਇਹਨਾਂ ਤੋਂ ਉੱਠਦੇ ਫੁਰਨਿਆਂ ਨੂੰ ਰੋਕੋ,
15762	343	ਲੋਭ ਮੋਹ ਸਭ ਬੀਸਰਿ ਜਾਹੁ॥		Lobh Moh Sabh Beesar Jaahu ||	Forget all your greed and emotional attachment;	ਲੋਭ ਮੋਹ ਆਦਿਕ ਸਾਰੇ ਵਿਕਾਰ ਭੁਲਾ ਦਿਉ।
15763	344	ਜੁਗੁ ਜੁਗੁ ਜੀਵਹੁ ਅਮਰ ਫਲ ਖਾਹੁ॥੧੦॥		Jug Jug Jeevahu Amar Fal Khaahu ||10||	You shall live throughout the ages, eating the fruit of immortality. ||10||	(ਇਸ ਮਿਹਨਤ ਦਾ) ਐਸਾ ਫਲ ਮਿਲੇਗਾ ਜੋ ਕਦੇ ਨਹੀਂ ਮੁੱਕੇਗਾ, ਐਸਾ ਸੁੰਦਰ ਜੀਵਨ ਜੀਵੋਗੇ ਜੋ ਸਦਾ ਕਾਇਮ ਰਹੇਗਾ ॥੧੦॥
15764	344	ਦਸਮੀ ਦਹ ਦਿਸ ਹੋਇ ਅਨੰਦ॥	ਅ-ਨੰਦ	Dhasamee Dheh Dhis Hoe Anandh ||	On the tenth day of the lunar cycle, there is ecstasy in all directions.	(ਪਰਮਾਤਮਾ ਨਾਲ ਮੇਲ ਹੋਇਆਂ) ਸਾਰੇ ਸੰਸਾਰ ਵਿਚ ਹੀ ਮਨੁੱਖ ਵਾਸਤੇ ਅਨੰਦ ਹੀ ਅਨੰਦ ਹੁੰਦਾ ਹੈ।
15765	344	ਛੂਟੈ ਭਰਮੁ ਮਿਲੈ ਗੋਬਿੰਦ॥		Shhoottai Bharam Milai Gobindh ||	Doubt is dispelled, and the Lord of the Universe is met.	(ਇਸ ਉੱਦਮ ਨਾਲ) ਮਨ ਦੀ ਭਟਕਣਾ ਦੂਰ ਹੋ ਜਾਂਦੀ ਹੈ; ਉਹ ਪਰਮਾਤਮਾ ਮਿਲ ਪੈਂਦਾ ਹੈ,

15766	344	ਜੋਤਿ ਸਰੂਪੀ ਤਤ ਅਨੂਪ॥		Joth Saroopee Thath Anoop ||	He is the Embodiment of light, the incomparable essence.	ਜੋ ਨਿਰਾ ਨੂਰ ਹੀ ਨੂਰ ਹੈ, ਜੋ ਸਾਰੇ ਜਗਤ ਦਾ ਅਸਲਾ ਹੈ, ਜਿਸ ਵਰਗਾ ਹੋਰ ਕੋਈ ਨਹੀਂ ਹੈ,
15767	344	ਅਮਲ ਨ ਮਲਨ ਛਾਹ ਨਹੀ ਧੂਪ॥੧੧॥	ਅ-ਮਲ:ਪੋਲਾ ਬੋਲੋ। (ਅਮਲ) ਪਵਿੱਤ੍ਰ। (ਮਲਨ) ਅਪਵਿੱਤ੍ਰ	Amal N Mal N Shhaah Nehee Dhhoop ||11||	He is stainless, without stain, beyond both sunshine and shade. ||11||	ਜਿਸ ਵਿਚ ਵਿਕਾਰਾਂ ਦੀ ਕੋਈ ਭੀ ਮੈਲ ਨਹੀਂ ਹੈ, ਨਾਹ ਉਸ ਵਿਚ ਅਗਿਆਨਤਾ ਦਾ ਹਨੇਰਾ ਹੈ ਅਤੇ ਨਾਹ ਹੀ ਤ੍ਰਿਸ਼ਨਾ ਆਦਿਕ ਵਿਕਾਰਾਂ ਦੀ ਅੱਗ ਹੈ ॥੧੧॥
15768	344	ਏਕਾਦਸੀ ਏਕ ਦਿਸ ਧਾਵੈ॥		Eaekaadhasee Eaek Dhis Dhhaavai ||	On the eleventh day of the lunar cycle, if you run in the direction of the One,	(ਜਦੋਂ ਮਨੁੱਖ ਦਾ ਮਨ ਵਿਕਾਰਾਂ ਵਲੋਂ ਹਟ ਕੇ) ਇੱਕ ਪਰਮਾਤਮਾ (ਦੀ ਯਾਦ) ਵਲ ਜਾਂਦਾ ਹੈ,
15769	344	ਤਉ ਜੋਨੀ ਸੰਕਟ ਬਹੁਰਿ ਨ ਆਵੈ॥		Tho Jonee Sankatt Bahur N Aavai ||	You will not have to suffer the pains of reincarnation again.	ਤਦੋਂ ਉਹ ਮੁੜ ਜਨਮ-ਮਰਨ ਦੇ ਕਸ਼ਟਾਂ ਵਿਚ ਨਹੀਂ ਆਉਂਦਾ।
15770	344	ਸੀਤਲ ਨਿਰਮਲ ਭਇਆ ਸਰੀਰਾ॥		Seethal Niramal Bhaeiaa Sareeraa ||	Your body will become cool, immaculate and pure.	ਉਸ ਦੇ ਅੰਦਰ ਠੰਢ ਪੈ ਜਾਂਦੀ ਹੈ ਅਤੇ ਉਸ ਦਾ ਆਪਾ ਪਵਿੱਤਰ ਹੋ ਜਾਂਦਾ ਹੈ।
15771	344	ਦੂਰਿ ਬਤਾਵਤ ਪਾਇਆ ਨੀਰਾ॥੧੨॥		Dhoor Bathaavath Paaeiaa Neeraa ||12||	The Lord was said to be far away, but He is found near at hand. ||12||	ਜੋ ਪਰਮਾਤਮਾ ਕਿਤੇ ਦੂਰ ਦੱਸਿਆ ਜਾਂਦਾ ਸੀ ਉਹ ਉਸ ਨੂੰ ਨੇੜੇ (ਆਪਣੇ ਅੰਦਰ ਹੀ) ਲੱਭ ਪੈਂਦਾ ਹੈ ॥੧੨॥

15772	344	ਬਾਰਸਿ ਬਾਰਹ ਉਗਵੈ ਸੂਰ॥		Baaras Baareh Ougavai Soor ||	On the twelfth day of the lunar cycle, twelve suns rise.	(ਜਿਸ ਮਨੁੱਖ ਦਾ ਮਨ ਸਿਰਫ਼ "ਏਕ ਦਿਸ ਧਾਵੈ", ਜੋ ਮਨੁੱਖ ਸਿਰਫ਼ ਇੱਕ ਪ੍ਰਭੂ ਦੀ ਯਾਦ ਵਿਚ ਜੁੜਦਾ ਹੈ, ਉਸ ਦੇ ਅੰਦਰ, ਮਾਨੋ) ਬਾਰ੍ਹਾਂ ਸੂਰਜ ਚੜ੍ਹ ਪੈਂਦੇ ਹਨ (ਭਾਵ, ਉਸ ਦੇ ਅੰਦਰ ਪੂਰਨ ਗਿਆਨ ਦਾ ਪ੍ਰਕਾਸ਼ ਹੋ ਜਾਂਦਾ ਹੈ।)
15773	344	ਅਹਿ ਨਿਸਿ ਬਾਜੇ ਅਨਹਦ ਤੂਰ॥		Ahinis Baajae Anehadh Thoor ||	Day and night, the celestial bugles vibrate the unstruck melody.	ਉਸ ਦੇ ਅੰਦਰ (ਮਾਨੋ) ਦਿਨ ਰਾਤ ਇੱਕ-ਰਸ ਵਾਜੇ ਵੱਜਦੇ ਹਨ।
15774	344	ਦੇਖਿਆ ਤਿਹੂੰ ਲੋਕ ਕਾ ਪੀਉ॥		Dhaekhiaa Thihoon Lok Kaa Peeo ||	Then, one beholds the Father of the three worlds.	ਉਸ ਨੂੰ ਤਿੰਨਾਂ ਭਵਨਾਂ ਦੇ ਮਾਲਕ-ਪ੍ਰਭੂ ਦਾ ਦੀਦਾਰ ਹੋ ਜਾਂਦਾ ਹੈ;
15775	344	ਅਚਰਜੁ ਭਇਆ ਜੀਵ ਤੇ ਸੀਉ॥੧੩॥	(ਸੀਉ) ਬ੍ਰਹਮ। ਅ-ਚਰਜੁ	Acharaj Bhaeiaa Jeev Thae Seeo ||13||	This is wonderful! The human being has become God! ||13||	ਇਕ ਅਚਰਜ ਖੇਡ ਬਣ ਜਾਂਦੀ ਹੈ ਕਿ ਉਹ ਮਨੁੱਖ ਸਧਾਰਨ ਬੰਦੇ ਤੋਂ ਕਲਿਆਣ-ਸਰੂਪ ਪਰਮਾਤਮਾ ਦਾ ਰੂਪ ਹੋ ਜਾਂਦਾ ਹੈ ॥੧੩॥
15776	344	ਤੇਰਸਿ ਤੇਰਹ ਅਗਮ ਬਖਾਣਿ॥		Thaeras Thaereh Agam Bakhaan ||	On the thirteenth day of the lunar cycle, the thirteen holy books proclaim	(ਜਿਸ ਮਨੁੱਖ ਦਾ ਮਨ ਕੇਵਲ "ਏਕ ਦਿਸ ਧਾਵੈ") ਉਹ ਅਗੰਮ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ,
15777	344	ਅਰਧ ਉਰਧ ਬਿਚਿ ਸਮ ਪਹਿਚਾਣਿ॥		Aradhh Ouradhh Bich Sam Pehichaan ||	That you must recognize the Lord in the nether regions of the underworld as well as the heavens.	(ਇਸ ਸਿਫ਼ਤਿ-ਸਾਲਾਹ ਦੀ ਬਰਕਤ ਨਾਲ) ਉਹ ਸਾਰੇ ਸੰਸਾਰ ਵਿਚ ਉਸ ਪ੍ਰਭੂ ਨੂੰ ਇਕ-ਸਮਾਨ ਪਛਾਣਦਾ ਹੈ (ਵੇਖਦਾ ਹੈ)।

15778	344	ਨੀਚ ਊਚ ਨਹੀ ਮਾਨ ਅਮਾਨ॥		Neech Ooch Nehee Maan Amaan ||	There is no high or low, no honor or dishonor.	ਨਾਹ ਉਸ ਨੂੰ ਕੋਈ ਨੀਵਾਂ ਦਿੱਸਦਾ ਹੈ, ਨਾਹ ਉੱਚਾ; ਕਿਸੇ ਵਲੋਂ ਆਦਰ ਹੋਵੇ ਜਾਂ ਨਿਰਾਦਰੀ, ਉਸ ਲਈ ਇੱਕੋ ਜਿਹੇ ਹਨ,
15779	344	ਬਿਆਪਿਕ ਰਾਮ ਸਗਲ ਸਾਮਾਨ॥੧੪॥		Biaapik Raam Sagal Saamaan ||14||	The Lord is pervading and permeating all. ||14||	ਕਿਉਂਕਿ ਉਸ ਨੂੰ ਸਾਰੇ ਜੀਵਾਂ ਵਿਚ ਪਰਮਾਤਮਾ ਹੀ ਵਿਆਪਕ ਦਿੱਸਦਾ ਹੈ ॥੧੪॥
15780	344	ਚਉਦਸਿ ਚਉਦਹ ਲੋਕ ਮਝਾਰਿ॥		Choudhas Choudheh Lok Majhaar ||	On the fourteenth day of the lunar cycle, in the fourteen worlds	(ਹੇ ਭਾਈ!) ਪ੍ਰਭੂ ਜੀ ਸਾਰੀ ਸ੍ਰਿਸ਼ਟੀ ਵਿਚ ਸ੍ਰਿਸ਼ਟੀ ਦੇ-
15781	344	ਰੋਮ ਰੋਮ ਮਹਿ ਬਸਹਿ ਮੁਰਾਰਿ॥		Rom Rom Mehi Basehi Muraar ||	And on each and every hair, the Lord abides.	ਜ਼ੱਰੇ ਜ਼ੱਰੇ ਵਿਚ ਵੱਸ ਰਹੇ ਹਨ।
15782	344	ਸਤ ਸੰਤੋਖ ਕਾ ਧਰਹੁ ਧਿਆਨ॥		Sath Santhokh Kaa Dhharahu Dhhiaan ||	Center yourself and meditate on truth and contentment.	(ਇਹ ਯਕੀਨ ਲਿਆ ਕੇ ਕਿ ਉਹ ਪ੍ਰਭੂ ਤੁਹਾਡੇ ਅੰਦਰ ਵੱਸ ਰਿਹਾ ਹੈ ਤੇ ਸਭ ਜੀਵਾਂ ਵਿਚ ਵੱਸ ਰਿਹਾ ਹੈ) ਦੂਜਿਆਂ ਦੀ ਸੇਵਾ ਦੀ ਅਤੇ ਜੋ ਕੁਝ ਪ੍ਰਭੂ ਨੇ ਤੁਹਾਨੂੰ ਦਿੱਤਾ ਹੈ, ਉਸ ਵਿਚ ਰਾਜ਼ੀ ਰਹਿਣ ਦੀ ਸੁਰਤ ਪਕਾਉ।
15783	344	ਕਥਨੀ ਕਥੀਐ ਬ੍ਰਹਮਗਿਆਨ॥੧੫॥		Kathhanee Kathheeai Breham Giaan ||15||	Speak the speech of God's spiritual wisdom. ||15||	ਉਸ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਕਰੋ, ਤਾ ਕਿ ਉਸ ਦੇ ਇਸ ਸਹੀ ਸਰੂਪ ਦੀ ਸੂਝ ਬਣੀ ਰਹੇ ॥੧੫॥

15784	344	ਪੂਨਿਉ ਪੂਰਾ ਚੰਦ ਅਕਾਸ॥		Poonio Pooraa Chandh Akaas ||	On the day of the full moon, the full moon fills the heavens.	ਜਿਵੇਂ ਪੂਰਨਮਾਸ਼ੀ ਨੂੰ ਅਕਾਸ਼ ਵਿਚ ਪੂਰਾ ਚੰਦ ਚੜ੍ਹਦਾ ਹੈ ਤੇ ਚੰਦ ਦੀਆਂ ਸਾਰੀਆਂ ਹੀ ਕਲਾਂ ਪਰਗਟ ਹੁੰਦੀਆਂ ਹਨ,
15785	344	ਪਸਰਹਿ ਕਲਾ ਸਹਜ ਪਰਗਾਸ॥		Pasarehi Kalaa Sehaj Paragaas ||	Its power is diffused through its gentle light.	ਤਿਵੇਂ ਤੇਰੇ ਅੰਦਰ ਭੀ ਸਹਿਜ ਅਵਸਥਾ ਦਾ ਪਰਕਾਸ਼ ਹੋਵੇਗਾ,
15786	344	ਆਦਿ ਅੰਤਿ ਮਧਿ ਹੋਇ ਰਹਿਆ ਥੀਰ॥	(ਥੀਰ) ਇਸਥਿੱਤ	Aadh Anth Madhh Hoe Rehiaa Thheer ||	In the beginning, in the end, and in the middle, God remains firm and steady.	ਜੇ ਸ਼ੁਰੂ ਤੋਂ ਅਖ਼ੀਰ ਤਕ ਤੇ ਵਿਚਕਾਰਲੇ ਸਮੇ ਵਿਚ (ਭਾਵ, ਸਦਾ ਹੀ) ਮੌਜੂਦ ਰਹਿਣ ਵਾਲੇ ਪਰਮਾਤਮਾ-
15787	344	ਸੁਖਸਾਗਰ ਮਹਿ ਰਮਹਿ ਕਬੀਰ॥੧੬॥		Sukh Saagar Mehi Ramehi Kabeer ||16||	Kabeer is immersed in the ocean of peace. ||16||	ਉਸ ਸੁਖਾਂ ਦੇ ਸਮੁੰਦਰ-ਪ੍ਰਭੂ ਵਿਚ, ਹੇ ਕਬੀਰ! ਜੇ ਤੂੰ ਚੁੱਭੀ ਲਾ ਕੇ ਉਸ ਦਾ ਸਿਮਰਨ ਕਰੇਂ ॥੧੬॥
15788	344	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
15789	344	ਰਾਗੁ ਗਉੜੀ ਵਾਰ ਕਬੀਰ ਜੀਉ ਕੇ ੭॥	੭ ਨੂੰ ਸੱਤ ਉਚਾਰੋ	Raag Gourree Vaar Kabeer Jeeo Kae 7 ||	Raag Gauree, The Seven Days Of The Week Of Kabeer Jee:	ਰਾਗ ਗਉੜੀ ਵਿੱਚ ਭਗਤ ਕਬੀਰ ਜੀ ਦੀ ਬਾਣੀ 'ਵਾਰ'।
15790	344	ਬਾਰ ਬਾਰ ਹਰਿ ਕੇ ਗੁਨ ਗਾਵਉ॥		Baar Baar Har Kae Gun Gaavo ||	Sing the Glorious Praises of the Lord each and every day.	ਮੈਂ ਹਰ ਵੇਲੇ ਪਰਮਾਤਮਾ ਦੇ ਗੁਣ ਗਾਉਂਦਾ ਹਾਂ (ਭਾਵ, ਪ੍ਰਭੂ ਦੀ ਸਿਫ਼ਤਿ-ਸਾਲਾਹ ਪ੍ਰਭੂ ਨੂੰ ਮਿਲਣ ਦਾ ਸਹੀ ਤਰੀਕਾ ਹੈ)

15791	344	ਗੁਰ ਗਮਿ ਭੇਦੁ ਸੁ ਹਰਿ ਕਾ ਪਾਵਉ॥੧॥ਰਹਾਉ॥	(ਗਮਿ) ਪਹੁੰਚ ਕੇ	Gur Gam Bhaedh S Har Kaa Paavo ||1|| Rehaao ||	Meeting with the Guru, you shall come to know the mystery of the Lord. ||1||Pause||	ਗੁਰੂ ਦੇ ਚਰਨਾਂ ਵਿਚ ਅੱਪੜ ਕੇ ਮੈਂ ਇਹ ਭੇਤ ਲੱਭ ਲਿਆ ਹੈ ਜਿਸ ਨਾਲ ਪਰਮਾਤਮਾ ਨੂੰ ਮਿਲ ਸਕੀਦਾ ਹੈ ॥੧॥ ਰਹਾਉ ॥
15792	344	ਆਦਿਤ ਕਰੈ ਭਗਤਿ ਆਰੰਭ॥	(ਆ-ਦਿੱਤ) ਐਤਵਾਰ	Aadhith Karai Bhagath Aaranbh ||	On Sunday, begin the devotional worship of the Lord,	('ਬਾਰ ਬਾਰ ਹਰਿ ਕੇ ਗੁਨ' ਗਾ ਕੇ, ਜੋ ਮਨੁੱਖ) ਪਰਮਾਤਮਾ ਦੀ ਭਗਤੀ ਸ਼ੁਰੂ ਕਰਦਾ ਹੈ,
15793	344	ਕਾਇਆ ਮੰਦਰ ਮਨਸਾ ਥੰਭ॥	(ਮਨਸਾ) ਸੰਕਲਪ	Kaaeiaa Mandhar Manasaa Thhanbh ||	And restrain the desires within the temple of the body.	ਇਹ ਭਗਤੀ ਉਸ ਦੇ ਸਰੀਰ-ਘਰ ਨੂੰ ਥੰਮ੍ਹੀ ਦਾ ਕੰਮ ਦੇਂਦੀ ਹੈ,
15794	344	ਅਹਿ ਨਿਸਿ ਅਖੰਡ ਸੁ ਰਹੀ ਜਾਇ॥	(ਦੂਜਾ ਪਾਠ: ਸੁਰਹੀ)	Ahinis Akhandd Surehee Jaae ||	When your attention is focused day and night upon that imperishable place,	ਉਸ ਦੇ ਮਨ ਦੇ ਫੁਰਨਿਆਂ ਨੂੰ ਸਹਾਰਾ ਦੇਂਦੀ ਹੈ (ਭਾਵ, ਉਸ ਦੇ ਗਿਆਨ-ਇੰਦ੍ਰੇ ਅਤੇ ਮਨ ਦੇ ਫੁਰਨੇ ਭਟਕਣੋਂ ਹਟ ਜਾਂਦੇ ਹਨ)। ਭਗਤੀ ਨਾਲ ਸੁਗੰਧਤ ਹੋਈ ਉਸ ਦੀ ਸੁਰਤ ਦਿਨ ਰਾਤ ਲਗਾਤਾਰ (ਪ੍ਰਭੂ-ਚਰਨਾਂ ਵਿਚ) ਜੁੜੀ ਰਹਿੰਦੀ ਹੈ।
15795	344	ਤਉ ਅਨਹਦ ਬੇਣੁ ਸਹਜ ਮਹਿ ਬਾਇ॥੧॥		Tho Anehadh Baen Sehaj Mehi Baae ||1||	Then the celestial flutes play the unstruck melody in tranquil peace and poise. ||1||	ਤਦੋਂ ਅਡੋਲਤਾ ਵਿਚ ਟਿਕਣ ਕਰਕੇ ਮਨ ਦੇ ਅੰਦਰ (ਮਾਨੋ) ਇੱਕ-ਰਸ ਬੰਸਰੀ ਵੱਜਦੀ ਹੈ ॥੧॥
15796	344	ਸੋਮਵਾਰਿ ਸਸਿ ਅੰਮ੍ਰਿਤੁ ਝਰੈ॥	ਸਸਿ: ਪੋਲਾ ਬੋਲੋ	Somavaar Sas Anmrith Jharai ||	On Monday, the Ambrosial Nectar trickles down from the moon.	('ਬਾਰ ਬਾਰ ਹਰਿ ਕੇ ਗੁਨ' ਗਾਵਣ ਨਾਲ ਮਨੁੱਖ ਦੇ ਮਨ ਵਿਚ) ਸ਼ਾਂਤੀ ਠੰਢ ਦਾ ਅੰਮ੍ਰਿਤ ਵਰ੍ਹਦਾ ਹੈ,

15797	344	ਚਾਖਤ ਬੇਗਿ ਸਗਲ ਬਿਖ ਹਰੈ॥	(ਬੇਗਿ) ਛੇਤੀ	Chaakhath Baeg Sagal Bikh Harai ||	Tasting it, all poisons are removed in an instant.	(ਇਹ ਅੰਮ੍ਰਿਤ) ਚੱਖਣ ਨਾਲ ਮਨ ਤੁਰਤ ਸਾਰੇ ਵਿਕਾਰ ਦੂਰ ਕਰ ਦੇਂਦਾ ਹੈ,
15798	344	ਬਾਣੀ ਰੋਕਿਆ ਰਹੈ ਦੁਆਰ॥		Baanee Rokiaa Rehai Dhuaar ||	Restrained by Gurbani, the mind remains indoors;	ਸਤਿਗੁਰੂ ਦੀ ਬਾਣੀ ਦੀ ਬਰਕਤ ਨਾਲ (ਮਨੁੱਖ ਦਾ ਵਿਕਾਰਾਂ ਵਲੋਂ) ਰੋਕਿਆ ਹੋਇਆ ਮਨ ਪ੍ਰਭੂ ਦੇ ਦਰ ਤੇ ਟਿਕਿਆ ਰਹਿੰਦਾ ਹੈ
15799	344	ਤਉ ਮਨੁ ਮਤਵਾਰੋ ਪੀਵਨਹਾਰ॥੨॥		Tho Man Mathavaaro Peevanehaar ||2||	Drinking in this Nectar, it is intoxicated. ||2||	ਅਤੇ ਮਸਤ ਹੋਇਆ ਮਨ ਉਸ ਅੰਮ੍ਰਿਤ ਨੂੰ ਪੀਂਦਾ ਰਹਿੰਦਾ ਹੈ ॥੨॥
15800	344	ਮੰਗਲਵਾਰੇ ਲੇ ਮਾਹੀਤਿ॥	ਮਹਾਤਮਾ ਦੀ (ਮਾ-ਹੀਤਿ) ਸਿੱਖਿਆ ਲਵੇ। ਵਿਕਾਰਾਂ ਨੂੰ (ਮਾਹੀਤਿ) ਘੇਰਾ ਘੱਤ ਲਵੇ	Mangalavaarae Lae Maaheeth ||	On Tuesday, understand reality;	('ਬਾਰ ਬਾਰ ਹਰਿ ਕੇ ਗੁਨ' ਗਾ ਕੇ) ਮਨੁੱਖ ਆਪਣੇ ਮਨ ਦੇ ਦੁਆਲੇ ਸਿਫ਼ਤਿ-ਸਾਲਾਹ ਦਾ, ਮਾਨੋ, ਕਿਲ੍ਹਾ ਬਣਾ ਲੈਂਦਾ ਹੈ,
15801	344	ਪੰਚ ਚੋਰ ਕੀ ਜਾਣੈ ਰੀਤਿ॥		Panch Chor Kee Jaanai Reeth ||	You must know the way the five thieves work.	ਕਾਮਾਦਿਕ ਪੰਜ ਚੋਰਾਂ ਦਾ (ਹੱਲਾ ਕਰਨ ਦਾ) ਢੰਗ ਸਮਝ ਲੈਂਦਾ ਹੈ (ਇਸ ਤਰ੍ਹਾਂ ਉਹਨਾਂ ਦਾ ਵਾਰ ਹੋਣ ਨਹੀਂ ਦੇਂਦਾ)।
15802	344	ਘਰ ਛੋਡੇਂ ਬਾਹਰਿ ਜਿਨਿ ਜਾਇ॥		Ghar Shhoddaen Baahar Jin Jaae ||	Those who leave their own home to go out wandering	(ਹੇ ਭਾਈ!) ਤੂੰ ਭੀ (ਐਸੇ) ਕਿਲ੍ਹੇ ਨੂੰ ਛੱਡ ਕੇ ਬਾਹਰ ਨਾਹ ਜਾਈਂ (ਭਾਵ, ਆਪਣੇ ਮਨ ਨੂੰ ਬਾਹਰ ਭਟਕਣ ਨ ਦੇਈਂ),

15803	344	ਨਾ ਤਰੁ ਖਰਾ ਰਿਸੈ ਹੈ ਰਾਇ॥੩॥	(ਨਾ ਤਰੁ) ਨਹੀਂ ਤਾਂ। (ਖਰਾ) ਬਹੁਤ। (ਰਿਸੈ) ਗੁੱਸੇ। (ਰਾਇ) ਰਾਜਾ ਵਾਹਿਗੁਰੂ ਜੀ	Naathar Kharaa Risai Hai Raae ||3||	Shall feel the terrible wrath of the Lord, their King. ||3||	ਨਹੀਂ ਤਾਂ ਇਹ ਮਨ (ਵਿਕਾਰਾਂ ਵਿਚ ਪੈ ਕੇ) ਬੜਾ ਦੁਖੀ ਹੋਵੇਗਾ ॥੩॥
15804	344	ਬੁਧਵਾਰਿ ਬੁਧਿ ਕਰੈ ਪ੍ਰਗਾਸ॥		Budhhavaar Budhh Karai Pragaas ||	On Wednesday, one's understanding is enlightened.	('ਬਾਰ ਬਾਰ ਹਰਿ ਕੇ ਗੁਨ' ਗਾ ਕੇ, ਮਨੁੱਖ ਆਪਣੀ) ਸੂਝ ਵਿਚ ਪ੍ਰਭੂ ਦੇ ਨਾਮ ਦਾ ਚਾਨਣ ਪੈਦਾ ਕਰ ਲੈਂਦਾ ਹੈ,
15805	344	ਹਿਰਦੈ ਕਮਲ ਮਹਿ ਹਰਿ ਕਾ ਬਾਸ॥		Hiradhai Kamal Mehi Har Kaa Baas ||	The Lord comes to dwell in the lotus of the heart.	ਹਿਰਦੇ-ਕਮਲ ਵਿਚ ਪਰਮਾਤਮਾ ਦਾ ਨਿਵਾਸ ਬਣਾ ਲੈਂਦਾ ਹੈ;
15806	344	ਗੁਰ ਮਿਲਿ ਦੋਊ ਏਕ ਸਮ ਧਰੈ॥		Gur Mil Dhooo Eaek Sam Dhharai ||	Meeting the Guru, one comes to look alike upon pleasure and pain,	ਸਤਿਗੁਰੂ ਨੂੰ ਮਿਲ ਕੇ ਆਤਮਾ ਤੇ ਪਰਮਾਤਮਾ ਦੀ ਸਾਂਝ ਬਣਾ ਦੇਂਦਾ ਹੈ,
15807	344	ਉਰਧ ਪੰਕ ਲੈ ਸੂਧਾ ਕਰੈ॥੪॥	ਵਾਹਿਗੁਰੂ ਜੀ ਵੱਲੋਂ (ਉਰਧ) ਉਲਟਾ। (ਪੰਕ) ਹਿਰਦਾ ਕਮਲ। ਸੂੱਧਾ	Ouradhh Pank Lai Soodhhaa Karai ||4||	And the inverted lotus is turned upright. ||4||	(ਪਹਿਲਾਂ ਮਾਇਆ ਵਲ) ਪਰਤੇ ਮਨ ਨੂੰ ਵੱਸ ਵਿਚ ਕਰ ਕੇ ਪ੍ਰਭੂ ਦੇ ਸਨਮੁਖ ਕਰ ਦੇਂਦਾ ਹੈ ॥੪॥
15808	344	ਬ੍ਰਿਹਸਪਤਿ ਬਿਖਿਆ ਦੇਇ ਬਹਾਇ॥	(ਬ੍ਰਿਹਸ-ਪਤਿ) ਵੀਰਵਾਰ	Brihasapath Bikhiaa Dhaee Behaae ||	On Thursday, wash off your corruption.	('ਬਾਰ ਬਾਰ ਹਰਿ ਕੇ ਗੁਨ' ਗਾ ਕੇ, ਮਨੁੱਖ) ਮਾਇਆ (ਦੇ ਪ੍ਰਭਾਵ) ਨੂੰ (ਸਿਫ਼ਤਿ-ਸਾਲਾਹ ਦੇ ਪ੍ਰਵਾਹ ਵਿਚ) ਰੋੜ੍ਹ ਦੇਂਦਾ ਹੈ,
15809	344	ਤੀਨਿ ਦੇਵ ਏਕ ਸੰਗਿ ਲਾਇ॥		Theen Dhaev Eaek Sang Laae ||	Forsake the trinity, and attach yourself to the One God.	ਮਾਇਆ ਦੇ ਤਿੰਨੇ ਹੀ (ਬਲੀ) ਗੁਣਾਂ ਨੂੰ ਇੱਕ ਪ੍ਰਭੂ (ਦੀ ਯਾਦ) ਵਿਚ ਲੀਨ ਕਰ ਦੇਂਦਾ ਹੈ।

15810	344	ਤੀਨਿ ਨਦੀ ਤਹ ਤ੍ਰਿਕੁਟੀ ਮਾਹਿ॥		Theen Nadhee Theh Thrikuttee Maahi ||	At the confluence of the three rivers of knowledge, right action and devotion, there,	(ਜੋ ਲੋਕ ਸਿਫ਼ਤਿ-ਸਾਲਾਹ ਛੱਡ ਕੇ ਮਾਇਆ ਦੀ) ਖਿੱਝ ਵਿਚ ਰਹਿੰਦੇ ਹਨ, ਉਹ ਮਾਇਆ ਦੀਆਂ ਤ੍ਰਿ-ਗੁਣੀ ਨਦੀਆਂ ਵਿਚ ਹੀ (ਗੋਤੇ ਖਾਂਦੇ) ਹਨ,
15811	344	ਅਹਿ ਨਿਸਿ ਕਸਮਲ ਧੋਵਹਿ ਨਾਹਿ॥੫॥	(ਕਸ-ਮਲ) ਪਾਪ। ਨ੍ਹਾਹਿ	Ahinis Kasamal Dhhovehi Naahi ||5||	Why not wash away your sinful mistakes? ||5||	ਦਿਨ ਰਾਤ ਮੰਦ-ਕਰਮ (ਕਰਦੇ ਹਨ, ਸਿਫ਼ਤਿ-ਸਾਲਾਹ ਤੋਂ ਵਾਂਜੇ ਰਹਿਣ ਕਰਕੇ ਉਹਨਾਂ ਨੂੰ) ਧੋਂਦੇ ਨਹੀਂ ਹਨ ॥੫॥
15812	344	ਸੁਕ੍ਰਿਤੁ ਸਹਾਰੈ ਸੁ ਇਹ ਬ੍ਰਤਿ ਚੜੈ॥	ਸੁ-ਕ੍ਰਿਤੁ ਬ੍ਰ-ਤਿ	Sukirath Sehaarai S Eih Brath Charrai ||	On Friday, keep up and complete your fast;	('ਬਾਰ ਬਾਰ ਹਰਿ ਕੇ ਗੁਨ' ਗਾ ਕੇ, ਮਨੁੱਖ ਇਸ ਸਿਫ਼ਤਿ-ਸਾਲਾਹ ਦੀ) ਨੇਕ ਕਮਾਈ ਨੂੰ (ਆਪਣੇ ਜੀਵਨ ਦਾ) ਸਹਾਰਾ ਬਣਾ ਲੈਂਦਾ ਹੈ,
15813	344	ਅਨ ਦਿਨ ਆਪਿ ਆਪ ਸਿਉ ਲੜੈ॥		Anadhin Aap Aap Sio Larrai ||	Day and night, you must fight against your own self.	ਅਤੇ ਇਸ ਔਖੀ ਘਾਟੀ ਉੱਤੇ ਚੜ੍ਹਦਾ ਹੈ ਕਿ ਹਰ ਵੇਲੇ ਆਪਣੇ ਆਪ ਨਾਲ ਲੜਾਈ ਕਰਦਾ ਹੈ (ਭਾਵ, ਆਪਣੇ ਮਨ ਨੂੰ ਮੁੜ ਮੁੜ ਵਿਕਾਰਾਂ ਵਲੋਂ ਰੋਕਦਾ ਹੈ),
15814	344	ਸੁਰਖੀ ਪਾਂਚਉ ਰਾਖੈ ਸਬੈ॥	(ਸੁਰਖੀ) ਇੰਦ੍ਰੇ। (ਸਬੈ) ਸਹਿਤ ਬਲ ਵੱਸ ਚ	Surakhee Paancho Raakhai Sabai ||	If you restrain your five senses,	ਪੰਜਾਂ ਹੀ ਗਿਆਨ-ਇੰਦ੍ਰਿਆਂ ਨੂੰ ਵੱਸ ਵਿਚ ਰੱਖਦਾ ਹੈ,
15815	344	ਤਉ ਦੂਜੀ ਦ੍ਰਿਸਟਿ ਨ ਪੈਸੈ ਕਬੈ॥੬॥		Tho Dhoojee Dhrisatt N Paisai Kabai ||6||	Then you shall not cast your glance on another. ||6||	ਤਦੋਂ (ਕਿਸੇ ਉੱਤੇ ਭੀ) ਕਦੇ ਉਸ ਦੀ ਮੇਰ-ਤੇਰ ਦੀ ਨਿਗਾਹ ਨਹੀਂ ਪੈਂਦੀ ॥੬॥

15816	344	ਥਾਵਰ ਥਿਰੁ ਕਰਿ ਰਾਖੈ ਸੋਇ॥	(ਥਾਵਰ) ਛਨਿਛਰਵਾਰ	Thhaavar Thhir Kar Raakhai Soe ||	On Saturday, keep the candle of God's Light	('ਬਾਰ ਬਾਰ ਹਰਿ ਕੇ ਗੁਨ' ਗਾ ਕੇ, ਮਨੁੱਖ) ਉਸ ਜੋਤ ਨੂੰ ਆਪਣੇ ਅੰਦਰ ਸਾਂਭ ਕੇ ਰੱਖਦਾ ਹੈ,
15817	344	ਜੋਤਿ ਦੀ ਵਟੀ ਘਟ ਮਹਿ ਜੋਇ॥	ਬ੍ਰਹਮਾਕਾਰ ਬ੍ਰਿਤੀ ਰੂਪ (ਵੱਟੀ) ਬੱਤੀ। (ਦੂਜਾ ਪਾਠ: ਦੀਵਟੀ)	Joth Dhee Vattee Ghatt Mehi Joe ||	Steady within your heart;	ਰੱਬੀ ਨੂਰ ਦੀ ਜੋ ਸੁਹਣੀ ਜਿਹੀ ਨਿੱਕੀ ਜਿਹੀ ਜੋਤ ਹਰੇਕ ਹਿਰਦੇ ਵਿਚ ਹੁੰਦੀ ਹੈ
15818	344	ਬਾਹਰਿ ਭੀਤਰਿ ਭਇਆ ਪ੍ਰਗਾਸੁ॥		Baahar Bheethar Bhaeiaa Pragaas ||	You will be enlightened, inwardly and outwardly.	(ਉਸ ਦੀ ਬਰਕਤ ਨਾਲ ਉਸ ਦੇ) ਅੰਦਰ-ਬਾਹਰ ਜੋਤ ਦਾ ਹੀ ਪ੍ਰਕਾਸ਼ ਹੋ ਜਾਂਦਾ ਹੈ (ਭਾਵ, ਉਸ ਨੂੰ ਆਪਣੇ ਅੰਦਰ ਤੇ ਸਾਰੀ ਸ੍ਰਿਸ਼ਟੀ ਵਿਚ ਭੀ ਇਕੋ ਪਰਮਾਤਮਾ ਦੀ ਹੀ ਜੋਤ ਦਿੱਸਦੀ ਹੈ)।
15819	344	ਤਬ ਹੂਆ ਸਗਲ ਕਰਮ ਕਾ ਨਾਸੁ॥੭॥		Thab Hooaa Sagal Karam Kaa Naas ||7||	All your karma will be erased. ||7||	ਇਸ ਅਵਸਥਾ ਵਿਚ ਅੱਪੜ ਕੇ ਉਸ ਦੇ ਪਿਛਲੇ ਕੀਤੇ ਸਾਰੇ ਕਰਮਾਂ (ਦੇ ਸੰਸਕਾਰਾਂ) ਦਾ ਨਾਸ ਹੋ ਜਾਂਦਾ ਹੈ ॥੭॥
15820	345	ਜਬ ਲਗੁ ਘਟ ਮਹਿ ਦੂਜੀ ਆਨ॥	(ਆਨ) ਮੁਥਾਜੀ। ਲੱਗੁ।ਘਟ: ਪੋਲਾ ਬੋਲੋ	Jab Lag Ghatt Mehi Dhoojee Aan ||	Know that as long as you place your hopes in others,	(ਪਰ) ਜਦੋਂ ਤਕ ਮਨੁੱਖ ਦੇ ਮਨ ਵਿਚ ਦੁਨੀਆਵੀ ਇੱਜ਼ਤ ਆਦਿਕ ਦੀ ਵਾਸ਼ਨਾ ਹੈ,
15821	345	ਤਉ ਲਉ ਮਹਲਿ ਨ ਲਾਭੈ ਜਾਨ॥		Tho Lo Mehal N Laabhai Jaan ||	You shall not find the Mansion of the Lord's Presence.	ਤਦ ਤਕ ਉਹ ਪ੍ਰਭੂ ਦੇ ਚਰਨਾਂ ਵਿਚ ਜੁੜ ਨਹੀਂ ਸਕਦਾ।
15822	345	ਰਮਤ ਰਾਮ ਸਿਉ ਲਾਗੋ ਰੰਗੁ॥		Ramath Raam Sio Laago Rang ||	When you embrace love for the Lord,	ਪਰਮਾਤਮਾ ਦਾ ਸਿਮਰਨ ਕਰਦਿਆਂ ਕਰਦਿਆਂ ਪਰਮਾਤਮਾ ਨਾਲ ਪਿਆਰ ਬਣ ਜਾਂਦਾ ਹੈ

15823	345	ਕਹਿ ਕਬੀਰ ਤਬ ਨਿਰਮਲ ਅੰਗ॥੮॥੧॥		Kehi Kabeer Thab Niramal Ang ||8||1||	Says Kabeer, then, you shall become pure in your very fiber. ||8||1||	ਅਤੇ ਕਬੀਰ ਆਖਦਾ ਹੈ-ਤਦੋਂ ਸਰੀਰ ਪਵਿੱਤਰ ਹੋ ਜਾਂਦਾ ਹੈ ॥੮॥੧॥
15824	345	ਰਾਗੁ ਗਉੜੀ ਚੇਤੀ ਬਾਣੀ ਨਾਮਦੇਉ ਜੀਉ ਕੀ		Raag Gourree Chaethee Baanee Naamadhaeo Jeeo Kee	Raag Gauree Chaytee, The Word Of Naam Dayv Jee:	ਰਾਗ ਗਉੜੀ-ਚੇਤੀ ਵਿੱਚ ਭਗਤ ਨਾਮਦੇਵ ਜੀ ਦੀ ਬਾਣੀ।
15825	345	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
15826	345	ਦੇਵਾ ਪਾਹਨ ਤਾਰੀਅਲੇ॥	(ਦੇਵਾ) ਵਾਹਿਗੁਰੂ ਜੀ। (ਪਾਹਨ) ਪੱਥਰ। ਤਾਰੀ-ਅਲੇ	Dhaevaa Paahan Thaareealae ||	God makes even stones float.	ਹੇ ਪ੍ਰਭੂ! (ਉਹ) ਪੱਥਰ (ਭੀ ਸਮੁੰਦਰ ਉੱਤੇ) ਤੂੰ ਤਰਾ ਦਿੱਤੇ (ਜਿਨ੍ਹਾਂ ਉੱਤੇ ਤੇਰਾ 'ਰਾਮ' ਨਾਮ ਲਿਖਿਆ ਗਿਆ ਸੀ)
15827	345	ਰਾਮ ਕਹਤ ਜਨ ਕਸ ਨ ਤਰੇ॥੧॥ਰਹਾਉ॥	ਕਸ:ਪੋਲਾ ਬੋਲੋ। (ਕਸ) ਕਿਉਂ ਨਹੀਂ ਤਰੇ	Raam Kehath Jan Kas N Tharae ||1|| Rehaao ||	So why shouldn't Your humble slave also float across, chanting Your Name, O Lord? ||1||Pause||	(ਭਲਾ) ਉਹ ਮਨੁੱਖ (ਸੰਸਾਰ-ਸਮੁੰਦਰ ਤੋਂ) ਕਿਉਂ ਨਹੀਂ ਤਰਨਗੇ, ਜੋ ਤੇਰਾ ਨਾਮ ਸਿਮਰਦੇ ਹਨ? ॥੧॥ ਰਹਾਉ ॥

15828	345	ਤਾਰੀਲੇ ਗਨਿਕਾ ਬਿਨੁ ਰੂਪ ਕੁਬਿਜਾ ਬਿਆਧਿ ਅਜਾਮਲੁ ਤਾਰੀਅਲੇ॥	(ਬਿਆਧਿ) ਲੋਦੀਆ ਨਾਮੇ ਸ਼ਿਕਾਰੀ, ਚਤ੍ਰਭੁਜ ਪੰਛੀ ਬਣੇ ਰਾਮ ਜੀ ਨੂੰ, ਪੂਰਨ ਸਾਧੂ ਜੀ ਪਾਸ ਲਿਆਏ। ਅਜਾਮੱਲੁ। ਤਾਰੀ-ਲੇ, ਗਨਿ-ਕਾ, ਕੁਬਿ-ਜਾ: ਪੋਲੇ ਬੋਲੋ	Thaareelae Ganikaa Bin Roop Kubijaa Biaadhh Ajaamal Thaareealae ||	You saved the prostitute, and the ugly hunch-back; You helped the hunter and Ajaamal swim across as well.	ਹੇ ਪ੍ਰਭੂ! ਤੂੰ (ਮੰਦ-ਕਰਮਣ) ਵੇਸਵਾ (ਵਿਕਾਰਾਂ ਤੋਂ) ਬਚਾ ਲਈ, ਤੂੰ ਕੁਰੂਪ ਕੁਬਿਜਾ ਦਾ ਕੋਝ ਦੂਰ ਕੀਤਾ, ਤੂੰ ਵਿਕਾਰਾਂ ਵਿਚ ਗਲੇ ਹੋਏ ਅਜਾਮਲ ਨੂੰ ਤਾਰ ਦਿੱਤਾ।
15829	345	ਚਰਨ ਬਧਿਕ ਜਨ ਤੇਊ ਮੁਕਤਿ ਭਏ॥	(ਬੱਧਿਕ) ਸ਼ਿਕਾਰੀ	Charan Badhhik Jan Thaeoo Mukath Bheae ||	The hunter who shot Krishna in the foot - even he was liberated.	(ਕ੍ਰਿਸ਼ਨ ਜੀ ਦੇ) ਪੈਰਾਂ ਵਿਚ ਨਿਸ਼ਾਨਾ ਮਾਰਨ ਵਾਲਾ ਸ਼ਿਕਾਰੀ (ਅਤੇ) ਅਜਿਹੇ ਕਈ (ਵਿਕਾਰੀ) ਬੰਦੇ (ਤੇਰੀ ਮਿਹਰ ਨਾਲ) ਮੁਕਤ ਹੋ ਗਏ।
15830	345	ਹਉ ਬਲਿ ਬਲਿ ਜਿਨ ਰਾਮ ਕਹੇ॥੧॥		Ho Bal Bal Jin Raam Kehae ||1||	I am a sacrifice, a sacrifice to those who chant the Lord's Name. ||1||	ਮੈਂ ਸਦਕੇ ਹਾਂ ਉਹਨਾਂ ਤੋਂ ਜਿਨ੍ਹਾਂ ਪ੍ਰਭੂ ਦਾ ਨਾਮ ਸਿਮਰਿਆ ॥੧॥
15831	345	ਦਾਸੀ ਸੁਤ ਜਨੁ ਬਿਦਰੁ ਸੁਦਾਮਾ ਉਗ੍ਰਸੈਨ ਕਉ ਰਾਜ ਦੀਏ॥	ਉੱਗ੍ਰਸੈਨ	Dhaasee Suth Jan Bidhar Sudhaamaa Ougrasain Ko Raaj Dheeeae ||	You saved Bidur, the son of the slave-girl, and Sudama; You restored Ugrasain to his throne.	ਹੇ ਪ੍ਰਭੂ! ਗੋਲੀ ਦਾ ਪੁੱਤਰ ਬਿਦਰ ਤੇਰਾ ਭਗਤ (ਪ੍ਰਸਿੱਧ ਹੋਇਆ); ਸੁਦਾਮਾ (ਇਸ ਦਾ ਤੂੰ ਦਲਿੱਦਰ ਕੱਟਿਆ), ਉਗਰਸੈਨ ਨੂੰ ਤੂੰ ਰਾਜ ਦਿੱਤਾ।

15832	345	ਜਪ ਹੀਨ ਤਪ ਹੀਨ ਕੁਲ ਹੀਨ ਕ੍ਰਮ ਹੀਨ ਨਾਮੇ ਕੇ ਸੁਆਮੀ ਤੇਊ ਤਰੇ॥੨॥੧॥		Jap Heen Thap Heen Kul Heen Kram Heen Naamae Kae Suaamee Thaeoo Tharae ||2||1||	Without meditation, without penance, without a good family, without good deeds, Naam Dayv's Lord and Master saved them all. ||2||1||	ਹੇ ਨਾਮਦੇਵ ਦੇ ਸੁਆਮੀ! ਤੇਰੀ ਕਿਰਪਾ ਨਾਲ ਉਹ ਉਹ ਤਰ ਗਏ ਹਨ ਜਿਨ੍ਹਾਂ ਕੋਈ ਜਪ ਨਹੀਂ ਕੀਤੇ, ਕੋਈ ਤਪ ਨਹੀਂ ਸਾਧੇ, ਜਿਨ੍ਹਾਂ ਦੀ ਕੋਈ ਉੱਚੀ ਕੁਲ ਨਹੀਂ ਸੀ, ਕੋਈ ਚੰਗੇ ਅਮਲ ਨਹੀਂ ਸਨ ॥੨॥੧॥
15833	345	ਰਾਗੁ ਗਉੜੀ ਰਵਿਦਾਸ ਜੀ ਕੇ ਪਦੇ ਗਉੜੀ ਗੁਆਰੇਰੀ		Raag Gourree Ravidhaas Jee Kae Padhae Gourree Guaaraeree	Raag Gauree, Padas Of Ravi Daas Jee, Gauree Gwaarayree:	ਰਾਗ ਗਉੜੀ ਵਿੱਚ ਭਗਤ ਰਵਿਦਾਸ ਜੀ ਦੀ ਬੰਦਾਂ ਵਾਲੀ ਬਾਣੀ। ਰਾਗ ਗਉੜੀ-ਗੁਆਰੇਰੀ
15834	345	ੴ ਸਤਿਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ॥		Ik Oankaar Sathinaam Karathaa Purakh Guraprasaadh ||	One Universal Creator God. Truth Is The Name. Creative Being Personified. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ, ਜੋ ਸ੍ਰਿਸ਼ਟੀ ਦਾ ਰਚਨਹਾਰ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
15835	345	ਮੇਰੀ ਸੰਗਤਿ ਪੋਚ ਸੋਚ ਦਿਨੁ ਰਾਤੀ॥	(ਪੋਚ) ਨੀਚ। (ਸੋਚ) ਚਿੰਤਾ	Maeree Sangath Poch Soch Dhin Raathee ||	The company I keep is wretched and low, and I am anxious day and night;	(ਹੇ ਪ੍ਰਭੂ!) ਦਿਨ ਰਾਤ ਮੈਨੂੰ ਇਹ ਸੋਚ ਰਹਿੰਦੀ ਹੈ (ਮੇਰਾ ਕੀਹ ਬਣੇਗਾ?) ਮਾੜਿਆਂ ਨਾਲ ਮੇਰਾ ਬਹਿਣ-ਖਲੋਣ ਹੈ,
15836	345	ਮੇਰਾ ਕਰਮੁ ਕੁਟਿਲਤਾ ਜਨਮੁ ਕੁਭਾਂਤੀ॥੧॥	(ਕੁਟਿਲ-ਤਾ) ਟੇਢਤਾਈ ਵਾਲਾ। (ਕੁਭਾਂਤੀ) ਖੋਟੇ ਲਗਨਵਾਲਾ	Maeraa Karam Kuttilathaa Janam Kubhaanthee ||1||	My actions are crooked, and I am of lowly birth. ||1||	ਖੋਟ ਮੇਰਾ (ਨਿੱਤ-ਕਰਮ) ਹੈ; ਮੇਰਾ ਜਨਮ (ਭੀ) ਨੀਵੀਂ ਜਾਤਿ ਵਿਚੋਂ ਹੈ ॥੧॥

15837	345	ਰਾਮ ਗੁਸਈਆ ਜੀਅ ਕੇ ਜੀਵਨਾ॥	(ਜੀਵਨਾ) ਪ੍ਰਾਣ ਸਰੂਪ। ਗੁ-ਸਈਆ	Raam Guseeaa Jeea Kae Jeevanaa ||	O Lord, Master of the earth, Life of the soul,	ਹੇ ਮੇਰੇ ਰਾਮ! ਹੇ ਮੇਰੇ ਰਾਮ! ਹੇ ਧਰਤੀ ਦੇ ਸਾਈਂ! ਹੇ ਮੇਰੀ ਜਿੰਦ ਦੇ ਆਸਰੇ!
15838	345	ਮੋਹਿ ਨ ਬਿਸਾਰਹੁ ਮੈ ਜਨੁ ਤੇਰਾ॥੧॥ਰਹਾਉ॥		Mohi N Bisaarahu Mai Jan Thaeraa ||1|| Rehaao ||	Please do not forget me! I am Your humble servant. ||1||Pause||	ਮੈਨੂੰ ਨਾਹ ਵਿਸਾਰੀਂ, ਮੈਂ ਤੇਰਾ ਦਾਸ ਹਾਂ ॥੧॥ ਰਹਾਉ ॥
15839	345	ਮੇਰੀ ਹਰਹੁ ਬਿਪਤਿ ਜਨ ਕਰਹੁ ਸੁਭਾਈ॥	(ਸੁਭਾਈ) ਸ੍ਰੇਸਟ ਭਾਵਨਾ ਬਖ਼ਸ਼ਣਾ ਕਰੋ। ਬਿਪ-ਤਿ: ਪੋਲਾ ਬੋਲੋ	Maeree Harahu Bipath Jan Karahu Subhaaee ||	Take away my pains, and bless Your humble servant with Your Sublime Love.	(ਹੇ ਪ੍ਰਭੂ!) ਮੇਰੀ ਇਹ ਬਿਪਤਾ ਕੱਟ; ਮੈਨੂੰ ਸੇਵਕ ਨੂੰ ਚੰਗੀ ਭਾਵਨਾ ਵਾਲਾ ਬਣਾ ਲੈ;
15840	345	ਚਰਣ ਨ ਛਾਡਉ ਸਰੀਰ ਕਲ ਜਾਈ॥੨॥	(ਕਲ) ਸੱਤਿਆ	Charan N Shhaaddo Sareer Kal Jaaee ||2||	I shall not leave Your Feet, even though my body may perish. ||2||	ਚਾਹੇ ਮੇਰੇ ਸਰੀਰ ਦੀ ਸੱਤਿਆ ਭੀ ਚਲੀ ਜਾਵੇ, (ਹੇ ਰਾਮ!) ਮੈਂ ਤੇਰੇ ਚਰਨ ਨਹੀਂ ਛੱਡਾਂਗਾ ॥੨॥
15841	345	ਕਹੁ ਰਵਿਦਾਸ ਪਰਉ ਤੇਰੀ ਸਾਭਾ॥	(ਸਾੱਭਾ) ਸ਼ਰਨ	Kahu Ravidhaas Paro Thaeree Saabhaa ||	Says Ravi Daas, I seek the protection of Your Sanctuary;	ਰਵਿਦਾਸ ਆਖਦਾ ਹੈ- (ਹੇ ਪ੍ਰਭੂ!) ਮੈਂ ਤੇਰੀ ਸ਼ਰਨ ਪਿਆ ਹਾਂ,
15842	345	ਬੇਗਿ ਮਿਲਹੁ ਜਨ ਕਰਿ ਨ ਬਿਲਾਂਬਾ॥੩॥੧॥	(ਬੇਗਿ) ਛੇਤੀ। (ਬਿਲਾਂਬਾ) ਦੇਰੀ	Baeg Milahu Jan Kar N Bilaanbaa ||3||1||	Please, meet Your humble servant - do not delay! ||3||1||	ਮੈਨੂੰ ਸੇਵਕ ਨੂੰ ਛੇਤੀ ਮਿਲੋ, ਢਿੱਲ ਨਾਹ ਕਰ ॥੩॥੧॥

15843	345	ਬੇਗਮਪੁਰਾ ਸਹਰ ਕੋ ਨਾਉ॥		Baegam Puraa Sehar Ko Naao ||	Baygumpura, 'the city without sorrow', is the name of the town.	(ਜਿਸ ਆਤਮਕ ਅਵਸਥਾ-ਰੂਪ ਸ਼ਹਿਰ ਵਿਚ ਮੈਂ ਵੱਸਦਾ ਹਾਂ) ਉਸ ਸ਼ਹਿਰ ਦਾ ਨਾਮ ਹੈ ਬੇ-ਗ਼ਮਪੁਰਾ (ਭਾਵ, ਉਸ ਅਵਸਥਾ ਵਿਚ ਕੋਈ ਗ਼ਮ ਨਹੀਂ ਪੋਹ ਸਕਦਾ);
15844	345	ਦੂਖੁ ਅੰਦੋਹੁ ਨਹੀ ਤਿਹਿ ਠਾਉ॥	(ਅੰਦੋਹੁ) ਚਿੰਤਾ	Dhookh Andhohu Nehee Thihi Thaao ||	There is no suffering or anxiety there.	ਉਸ ਥਾਂ ਨਾਹ ਕੋਈ ਦੁੱਖ ਹੈ, ਨਾਹ ਚਿੰਤਾ ਅਤੇ ਨਾਹ ਕੋਈ ਘਬਰਾਹਟ,
15845	345	ਨਾਂ ਤਸਵੀਸ ਖਿਰਾਜੁ ਨ ਮਾਲੁ॥	(ਤਸਵੀਸ) ਘਬਰਾਹਟ। (ਖਿਰਾਜੁ) ਟੈਕਸ	Naan Thasavees Khiraaj N Maal ||	There are no troubles or taxes on commodities there.	ਉਥੇ ਦੁਨੀਆ ਵਾਲੀ ਜਾਇਦਾਦ ਨਹੀਂ ਅਤੇ ਨਾਹ ਹੀ ਉਸ ਜਾਇਦਾਦ ਨੂੰ ਮਸੂਲ ਹੈ;
15846	345	ਖਉਫੁ ਨ ਖਤਾ ਨ ਤਰਸੁ ਜਵਾਲੁ॥੧॥	ਖਤਾ:ਪੋਲਾ ਬੋਲੋ। (ਖਤਾ) ਗੁਨਾਹ। (ਜਵਾਲੁ) ਘਾਟਾ	Khouf N Khathaa N Tharas Javaal ||1||	There is no fear, blemish or downfall there. ||1||	ਉਸ ਅਵਸਥਾ ਵਿਚ ਕਿਸੇ ਪਾਪ ਕਰਮ ਕਰਨ ਦਾ ਖ਼ਤਰਾ ਨਹੀਂ; ਕੋਈ ਡਰ ਨਹੀਂ; ਕੋਈ ਗਿਰਾਵਟ ਨਹੀਂ ॥੧॥
15847	345	ਅਬ ਮੋਹਿ ਖੂਬ ਵਤਨ ਗਹ ਪਾਈ॥		Ab Mohi Khoob Vathan Geh Paaee ||	Now, I have found this most excellent city.	ਹੇ ਮੇਰੇ ਵੀਰ! ਹੁਣ ਮੈਂ ਵੱਸਣ ਲਈ ਸੋਹਣੀ ਥਾਂ ਲੱਭ ਲਈ ਹੈ,
15848	345	ਊਹਾਂ ਖੈਰਿ ਸਦਾ ਮੇਰੇ ਭਾਈ॥੧॥ਰਹਾਉ॥	(ਖੈਰਿ) ਸੁਖ	Oohaan Khair Sadhaa Maerae Bhaaee ||1|| Rehaao ||	There is lasting peace and safety there, O Siblings of Destiny. ||1||Pause||	ਉਥੇ ਸਦਾ ਸੁਖ ਹੀ ਸੁਖ ਹੈ ॥੧॥ ਰਹਾਉ ॥
15849	345	ਕਾਇਮੁ ਦਾਇਮੁ ਸਦਾ ਪਾਤਿਸਾਹੀ॥	(ਕਾਇਮੁ) ਇਸਥਿੱਤ। (ਦਾਇਮੁ) ਹਮੇਸ਼ਾ	Kaaeim Dhaaeim Sadhaa Paathisaahee ||	God's Kingdom is steady, stable and eternal.	ਉਹ (ਆਤਮਕ ਅਵਸਥਾ ਇਕ ਐਸੀ) ਪਾਤਸ਼ਾਹੀ (ਹੈ ਜੋ) ਸਦਾ ਹੀ ਟਿਕੀ ਰਹਿਣ ਵਾਲੀ ਹੈ,

15850	345	ਦੋਮ ਨ ਸੇਮ ਏਕ ਸੋ ਆਹੀ॥	(ਦੋਮ) ਦੂਜੇ ਦਰਜੇ ਦਾ। (ਸੇਮ) ਤੀਜੇ ਦਰਜੇ ਦਾ ਘਟੀਆ	Dhom N Saem Eaek So Aahee ||	There is no second or third status; all are equal there.	ਉਥੇ ਕਿਸੇ ਦਾ ਦੂਜਾ ਤੀਜਾ ਦਰਜਾ ਨਹੀਂ, ਸਭ ਇਕੋ ਜਿਹੇ ਹਨ।
15851	345	ਆਬਾਦਾਨੁ ਸਦਾ ਮਸਹੂਰ॥	(ਆੱਬਾਦਾਨ) ਨਿੱਤ ਵਸਦੇ ਹਨ	Aabaadhaan Sadhaa Masehoor ||	That city is populous and eternally famous.	ਉਹ ਸ਼ਹਿਰ ਸਦਾ ਉੱਘਾ ਹੈ ਤੇ ਵੱਸਦਾ ਹੈ,
15852	345	ਊਹਾਂ ਗਨੀ ਬਸਹਿ ਮਾਮੂਰ॥੨॥	(ਗਨੀ) ਧਨੀ। (ਮਾਮੂਰ) ਭਰਪੂਰ ਲੱਬਾ ਲਬ ਭਰੇ ਹੋਏ	Oohaan Ganee Basehi Maamoor ||2||	Those who live there are wealthy and contented. ||2||	ਉਥੇ ਧਨੀ ਤੇ ਰੱਜੇ ਹੋਏ ਬੰਦੇ ਵੱਸਦੇ ਹਨ (ਭਾਵ, ਉਸ ਆਤਮਕ ਦਰਜੇ ਤੇ ਜੋ ਜੋ ਅੱਪੜਦੇ ਹਨ ਉਹਨਾਂ ਦੇ ਅੰਦਰ ਕੋਈ ਵਿਤਕਰਾ ਨਹੀਂ ਰਹਿੰਦਾ ਤੇ ਉਹਨਾਂ ਨੂੰ ਦੁਨੀਆ ਦੀ ਭੁੱਖ ਨਹੀਂ ਰਹਿੰਦੀ) ॥੨॥
15853	345	ਤਿਉ ਤਿਉ ਸੈਲ ਕਰਹਿ ਜਿਉ ਭਾਵੈ॥		Thio Thio Sail Karehi Jio Bhaavai ||	They stroll about freely, just as they please.	(ਉਸ ਆਤਮਕ ਸ਼ਹਿਰ ਵਿਚ ਅੱਪੜੇ ਹੋਏ ਬੰਦੇ ਉਸ ਅਵਸਥਾ ਵਿਚ) ਅਨੰਦ ਨਾਲ ਵਿਚਰਦੇ ਹਨ;
15854	345	ਮਹਰਮ ਮਹਲ ਨ ਕੋ ਅਟਕਾਵੈ॥	(ਮਹਰਮ) ਭੇਤੀ। ਸਭ ਦੇ (ਮਹਲ) ਟਿਕਾਣੇ ਨਿਰਗੁਨ ਵਿਆਪਕ ਜੀ	Meharam Mehal N Ko Attakaavai ||	They know the Mansion of the Lord's Presence, and no one blocks their way.	ਉਹ ਉਸ (ਰੱਬੀ) ਮਹਲ ਦੇ ਭੇਤੀ ਹੁੰਦੇ ਹਨ; (ਇਸ ਵਾਸਤੇ) ਕੋਈ (ਉਹਨਾਂ ਦੇ ਰਾਹ ਵਿਚ) ਰੋਕ ਨਹੀਂ ਪਾ ਸਕਦਾ।
15855	345	ਕਹਿ ਰਵਿਦਾਸ ਖਲਾਸ ਚਮਾਰਾ॥	(ਖਲਾਸ) ਬੰਧਨ ਮੁਕਤ	Kehi Ravidhaas Khalaas Chamaaraa ||	Says Ravi Daas, the emancipated shoe-maker:	ਚਮਿਆਰ ਰਵਿਦਾਸ ਆਖਦਾ ਹੈ-

15856	345	ਜੋ ਹਮ ਸਹਰੀ ਸੁ ਮੀਤੁ ਹਮਾਰਾ॥੩॥੨॥		Jo Ham Seharee S Meeth Hamaaraa ||3||2||	Whoever is a citizen there, is a friend of mine. ||3||2||	ਅਸਾਡਾ ਮਿੱਤਰ ਉਹ ਹੈ ਜੋ ਅਸਾਡਾ ਸਤਸੰਗੀ ਹੈ, ਜਿਸ ਨੇ (ਦੁਖ-ਅੰਦੋਹ ਤਸ਼ਵੀਸ਼ ਆਦਿਕ ਤੋਂ) ਖ਼ਲਾਸੀ ਪਾ ਲਈ ਹੈ ॥੩॥੨॥
15857	345	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
15858	345	ਗਉੜੀ ਬੈਰਾਗਣਿ ਰਵਿਦਾਸ ਜੀਉ॥		Gourree Bairaagan Ravidhaas Jeeo ||	Gauree Bairaagan, Ravi Daas Jee:	ਰਾਗ ਗਉੜੀ-ਬੈਰਾਗਣਿ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ।
15859	345	ਘਟ ਅਵਘਟ ਡੂਗਰ ਘਣਾ ਇਕੁ ਨਿਰਗੁਣੁ ਬੈਲੁ ਹਮਾਰ॥	(ਘਟ) ਰਸਤਾ। (ਅਵਘਟ) ਔਖਾ। (ਡੂਗਰ) ਪਹਾੜ। (ਘਣਾ) ਬਹੁਤ	Ghatt Avaghatt Ddoogar Ghanaa Eik Niragun Bail Hamaar ||	The path to God is very treacherous and mountainous, and all I have is this worthless ox.	(ਜਿਨਹੀਂ ਰਾਹੀਂ ਪ੍ਰਭੂ ਦੇ ਨਾਮ ਦਾ ਸੌਦਾ ਲੱਦ ਕੇ ਲੈ ਜਾਣ ਵਾਲਾ ਮੇਰਾ ਟਾਂਡਾ ਲੰਘਣਾ ਹੈ, ਉਹ) ਰਸਤੇ ਬੜੇ ਔਖੇ ਪਹਾੜੀ ਰਸਤੇ ਹਨ, ਤੇ ਮੇਰਾ (ਮਨ-) ਬਲਦ ਮਾੜਾ ਜਿਹਾ ਹੈ;
15860	345	ਰਮਈਏ ਸਿਉ ਇਕ ਬੇਨਤੀ ਮੇਰੀ ਪੂੰਜੀ ਰਾਖੁ ਮੁਰਾਰਿ॥੧॥		Rameeeae Sio Eik Baenathee Maeree Poonjee Raakh Muraar ||1||	I offer this one prayer to the Lord, to preserve my capital. ||1||	ਪਿਆਰੇ ਪ੍ਰਭੂ ਅੱਗੇ ਹੀ ਮੇਰੀ ਅਰਜ਼ੋਈ ਹੈ-ਹੇ ਪ੍ਰਭੂ! ਮੇਰੀ ਰਾਸਿ-ਪੂੰਜੀ ਦੀ ਤੂੰ ਆਪ ਰੱਖਿਆ ਕਰੀਂ ॥੧॥

15861	345	ਕੋ ਬਨਜਾਰੋ ਰਾਮ ਕੋ ਮੇਰਾ ਟਾਂਡਾ ਲਾਦਿਆ ਜਾਇ ਰੇ॥੧॥ਰਹਾਉ॥	(ਬਨਜਾਰੋ) ਵਪਾਰੀ	Ko Banajaaro Raam Ko Maeraa Ttaanddaa Laadhiaa Jaae Rae ||1|| Rehaao ||	Is there any merchant of the Lord to join me? My cargo is loaded, and now I am leaving. ||1||Pause||	ਹੇ ਭਾਈ! (ਜੇ ਸੋਹਣੇ ਪ੍ਰਭੂ ਦੀ ਕਿਰਪਾ ਨਾਲ) ਪ੍ਰਭੂ ਦੇ ਨਾਮ ਦਾ ਵਣਜ ਕਰਨ ਵਾਲਾ ਕੋਈ ਬੰਦਾ ਮੈਨੂੰ ਮਿਲ ਪਏ ਤਾਂ ਮੇਰਾ ਮਾਲ ਭੀ ਲੱਦਿਆ ਜਾ ਸਕੇ (ਭਾਵ, ਤਾਂ ਉਸ ਗੁਰਮੁਖਿ ਦੀ ਸਹਾਇਤਾ ਨਾਲ ਮੈਂ ਭੀ ਹਰਿ-ਨਾਮ-ਰੂਪ ਦਾ ਵਣਜ ਕਰ ਸਕਾਂ) ॥੧॥ ਰਹਾਉ ॥
15862	346	ਹਉ ਬਨਜਾਰੋ ਰਾਮ ਕੋ ਸਹਜ ਕਰਉ ਬ੍ਯਾਪਾਰੁ॥	ਬਿਆਪਾਰੁ	Ho Banajaaro Raam Ko Sehaj Karo Byaapaar ||	I am the merchant of the Lord; I deal in spiritual wisdom.	ਮੈਂ ਪ੍ਰਭੂ ਦੇ ਨਾਮ ਦਾ ਵਪਾਰੀ ਹਾਂ; ਮੈਂ ਇਹ ਐਸਾ ਵਪਾਰ ਕਰ ਰਿਹਾ ਹਾਂ ਜਿਸ ਵਿਚੋਂ ਮੈਨੂੰ ਸਹਿਜ ਅਵਸਥਾ ਦੀ ਖੱਟੀ ਹਾਸਲ ਹੋਵੇ।
15863	346	ਮੈ ਰਾਮ ਨਾਮ ਧਨੁ ਲਾਦਿਆ ਬਿਖੁ ਲਾਦੀ ਸੰਸਾਰਿ॥੨॥		Mai Raam Naam Dhhan Laadhiaa Bikh Laadhee Sansaar ||2||	I have loaded the Wealth of the Lord's Name; the world has loaded poison. ||2||	(ਪ੍ਰਭੂ ਦੀ ਮਿਹਰ ਨਾਲ) ਮੈਂ ਪ੍ਰਭੂ ਦੇ ਨਾਮ ਦਾ ਸੌਦਾ ਲੱਦਿਆ ਹੈ, ਪਰ ਸੰਸਾਰ ਨੇ (ਆਤਮਕ ਮੌਤ ਲਿਆਉਣ ਵਾਲੀ ਮਾਇਆ-ਰੂਪ) ਜ਼ਹਿਰ ਦਾ ਵਪਾਰ ਕੀਤਾ ਹੈ ॥੨॥
15864	346	ਉਰਵਾਰ ਪਾਰ ਕੇ ਦਾਨੀਆ ਲਿਖਿ ਲੇਹੁ ਆਲਪਤਾਲੁ॥	(ਆਲ-ਪਤਾਲੁ) ਬਕਬਾਦ ਬੋਲਿਆ	Ouravaar Paar Kae Dhaaneeaa Likh Laehu Aal Pathaal ||	O you who know this world and the world beyond: write whatever nonsense you please about me.	ਜੀਵਾਂ ਦੀਆਂ ਲੋਕ ਪਰਲੋਕ ਦੀਆਂ ਸਭ ਕਰਤੂਤਾਂ ਜਾਣਨ ਵਾਲੇ ਹੇ ਚਿਤ੍ਰਗੁਪਤੋ! (ਮੇਰੇ ਬਾਰੇ) ਜੋ ਤੁਹਾਡਾ ਜੀਅ ਕਰੇ ਲਿਖ ਲੈਣਾ (ਭਾਵ, ਜਮਰਾਜ ਪਾਸ ਪੇਸ਼ ਕਰਨ ਲਈ ਮੇਰੇ ਕੰਮਾਂ ਵਿਚੋਂ ਕੋਈ ਗੱਲ ਤੁਹਾਨੂੰ ਲੱਭਣੀ ਹੀ ਨਹੀਂ)

15865	346	ਮੋਹਿ ਜਮ ਡੰਡੁ ਨ ਲਾਗਈ ਤਜੀਲੇ ਸਰਬ ਜੰਜਾਲ॥੩॥	(ਤਜੀ-ਲੇ) ਛੱਡੇ	Mohi Jam Ddandd N Laagee Thajeelae Sarab Janjaal ||3||	The club of the Messenger of Death shall not strike me, since I have cast off all entanglements. ||3||	(ਕਿਉਂਕਿ ਪ੍ਰਭੂ ਦੀ ਕ੍ਰਿਪਾ ਨਾਲ) ਮੈਂ ਸਾਰੇ ਜੰਜਾਲ ਛੱਡ ਦਿੱਤੇ ਹੋਏ ਹਨ, ਤਾਹੀਏਂ ਮੈਨੂੰ ਜਮ ਦਾ ਡੰਨ ਲੱਗਣਾ ਹੀ ਨਹੀਂ ॥੩॥
15866	346	ਜੈਸਾ ਰੰਗੁ ਕਸੁੰਭ ਕਾ ਤੈਸਾ ਇਹੁ ਸੰਸਾਰੁ॥		Jaisaa Rang Kasunbh Kaa Thaisaa Eihu Sansaar ||	Love of this world is like the pale, temporary color of the safflower.	(ਜਿਉਂ ਜਿਉਂ ਮੈਂ ਰਾਮ ਨਾਮ ਦਾ ਵਣਜ ਕਰ ਰਿਹਾ ਹਾਂ, ਮੈਨੂੰ ਯਕੀਨ ਆ ਰਿਹਾ ਹੈ ਕਿ) ਇਹ ਜਗਤ ਇਉਂ ਹੈ ਜਿਵੇਂ ਕਸੁੰਭੇ ਦਾ ਰੰਗ,
15867	346	ਮੇਰੇ ਰਮਈਏ ਰੰਗੁ ਮਜੀਠ ਕਾ ਕਹੁ ਰਵਿਦਾਸ ਚਮਾਰ॥੪॥੧॥	ਪੱਕਾ ਮਜੀਠ ਦਾ ਰੰਗ	Maerae Rameeeae Rang Majeeth Kaa Kahu Ravidhaas Chamaar ||4||1||	The color of my Lord's Love, however, is permanent, like the dye of the madder plant. So says Ravi Daas, the tanner. ||4||1||	ਤੇ, ਰਵਿਦਾਸ ਆਖਦਾ ਹੈ- ਮੇਰੇ ਪਿਆਰੇ ਰਾਮ ਦਾ ਨਾਮ-ਰੰਗ ਇਉਂ ਹੈ ਜਿਵੇਂ ਮਜੀਠ ਦਾ ਰੰਗ ॥੪॥੧॥
15868	346	ਗਉੜੀ ਪੂਰਬੀ ਰਵਿਦਾਸ ਜੀਉ		Gourree Poorabee Ravidhaas Jeeou	Gauree Poorbee, Ravi Daas Jee:	ਰਾਗ ਗਉੜੀ-ਪੂਰਬੀ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ।
15869	346	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

15870	346	ਕੂਪੁ ਭਰਿਓ ਜੈਸੇ ਦਾਦਿਰਾ ਕਛੁ ਦੇਸੁ ਬਿਦੇਸੁ ਨ ਬੂਝ॥	(ਕੂਪੁ) ਖੂਹ। (ਦਾਦਿਰਾਂ) ਡੱਡੂ	Koop Bhariou Jaisae Dhaadhiraa Kashh Dhaes Bidhaes N Boojh ||	The frog in the deep well knows nothing of its own country or other lands;	ਜਿਵੇਂ (ਕੋਈ) ਖੂਹ ਡੱਡੂਆਂ ਨਾਲ ਭਰਿਆ ਹੋਇਆ ਹੋਵੇ, (ਉਹਨਾਂ ਡੱਡੂਆਂ ਨੂੰ) ਕੋਈ ਵਾਕਫ਼ੀ ਨਹੀਂ ਹੁੰਦੀ (ਕਿ ਇਸ ਖੂਹ ਤੋਂ ਬਾਹਰ ਕੋਈ ਹੋਰ) ਦੇਸ ਪਰਦੇਸ ਭੀ ਹੈ;
15871	346	ਐਸੇ ਮੇਰਾ ਮਨੁ ਬਿਖਿਆ ਬਿਮੋਹਿਆ ਕਛੁ ਆਰਾ ਪਾਰੁ ਨ ਸੂਝ॥੧॥	ਬਿ-ਮੋਹਿਆ	Aisae Maeraa Man Bikhiaa Bimohiaa Kashh Aaraa Paar N Soojh ||1||	Just so, my mind, infatuated with corruption, understands nothing about this world or the next. ||1||	ਤਿਵੇਂ ਮੇਰਾ ਮਨ ਮਾਇਆ (ਦੇ ਖੂਹ) ਵਿਚ ਇਤਨਾ ਚੰਗੀ ਤਰ੍ਹਾਂ ਫਸਿਆ ਹੋਇਆ ਹੈ ਕਿ ਇਸ ਨੂੰ (ਮਾਇਆ ਦੇ ਖੂਹ ਵਿਚੋਂ ਨਿਕਲਣ ਲਈ) ਕੋਈ ਉਰਲਾ ਪਾਰਲਾ ਬੰਨਾ ਨਹੀਂ ਸੁੱਝਦਾ ॥੧॥
15872	346	ਸਗਲ ਭਵਨ ਕੇ ਨਾਇਕਾ ਇਕੁ ਛਿਨੁ ਦਰਸੁ ਦਿਖਾਇ ਜੀ॥੧॥ਰਹਾਉ॥		Sagal Bhavan Kae Naaeikaa Eik Shhin Dharas Dhikhaae Jee ||1|| Rehaao ||	O Lord of all worlds: reveal to me, even for an instant, the Blessed Vision of Your Darshan. ||1||Pause||	ਹੇ ਸਾਰੇ ਭਵਨਾਂ ਦੇ ਸਰਦਾਰ! ਮੈਨੂੰ ਇਕ ਖਿਨ ਭਰ ਲਈ (ਹੀ) ਦੀਦਾਰ ਦੇਹ ॥੧॥ ਰਹਾਉ ॥
15873	346	ਮਲਿਨ ਭਈ ਮਤਿ ਮਾਧਵਾ ਤੇਰੀ ਗਤਿ ਲਖੀ ਨ ਜਾਇ॥		Malin Bhee Math Maadhhavaa Thaeree Gath Lakhee N Jaae ||	My intellect is polluted; I cannot understand Your state, O Lord.	ਹੇ ਪ੍ਰਭੂ! ਮੇਰੀ ਅਕਲ (ਵਿਕਾਰਾਂ ਨਾਲ) ਮੈਲੀ ਹੋਈ ਪਈ ਹੈ, (ਇਸ ਵਾਸਤੇ) ਮੈਨੂੰ ਤੇਰੀ ਗਤੀ ਦੀ ਪਛਾਣ ਨਹੀਂ ਆਉਂਦੀ (ਭਾਵ, ਮੈਨੂੰ ਸਮਝ ਨਹੀਂ ਪੈਂਦੀ ਕਿ ਤੂੰ ਕਿਹੋ ਜਿਹਾ ਹੈਂ)।

15874	346	ਕਰਹੁ ਕ੍ਰਿਪਾ ਭ੍ਰਮੁ ਚੂਕਈ ਮੈ ਸੁਮਤਿ ਦੇਹੁ ਸਮਝਾਇ॥੨॥	ਸੁ-ਮੱਤਿ	Karahu Kirapaa Bhram Chookee Mai Sumath Dhaehu Samajhaae ||2||	Take pity on me, dispel my doubts, and teach me true wisdom. ||2||	ਹੇ ਪ੍ਰਭੂ! ਮੇਹਰ ਕਰ, ਮੈਨੂੰ ਸੁਚੱਜੀ ਮੱਤ ਸਮਝਾ, (ਤਾਕਿ) ਮੇਰੀ ਭਟਕਣਾ ਮੁੱਕ ਜਾਏ ॥੨॥
15875	346	ਜੋਗੀਸਰ ਪਾਵਹਿ ਨਹੀ ਤੁਅ ਗੁਣ ਕਥਨੁ ਅਪਾਰ॥		Jogeesar Paavehi Nehee Thua Gun Kathhan Apaar ||	Even the great Yogis cannot describe Your Glorious Virtues; they are beyond words.	(ਹੇ ਪ੍ਰਭੂ!) ਵੱਡੇ ਵੱਡੇ ਜੋਗੀ (ਭੀ) ਤੇਰੇ ਬੇਅੰਤ ਗੁਣਾਂ ਦਾ ਅੰਤ ਨਹੀਂ ਪਾ ਸਕਦੇ,
15876	346	ਪ੍ਰੇਮ ਭਗਤਿ ਕੈ ਕਾਰਣੈ ਕਹੁ ਰਵਿਦਾਸ ਚਮਾਰ॥੩॥੧॥		Praem Bhagath Kai Kaaranai Kahu Ravidhaas Chamaar ||3||1||	I am dedicated to Your loving devotional worship, says Ravi Daas the tanner. ||3||1||	(ਪਰ) ਹੇ ਰਵਿਦਾਸ ਚਮਾਰ! ਤੂੰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ, ਤਾਕਿ ਤੈਨੂੰ ਪ੍ਰੇਮ ਤੇ ਭਗਤੀ ਦੀ ਦਾਤਿ ਮਿਲ ਸਕੇ ॥੩॥੧॥
15877	346	ਗਉੜੀ ਬੈਰਾਗਣਿ		Gourree Bairaagani	Gauree Bairaagan:	ਰਾਗ ਗਉੜੀ-ਬੈਰਾਗਣਿ।
15878	346	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

15879	346	ਸਤਜੁਗਿ ਸਤੁ ਤੇਤਾ ਜਗੀ ਦੁਆਪਰਿ ਪੂਜਾ ਚਾਰ॥	(ਜੱਗੀਂ) ਬਹੁਤੇਜੱਗ। ਸੱਤੁ	Sathajug Sath Thaethaa Jagee Dhuaapar Poojaachaar ||	In the Golden Age of Sat Yuga, was Truth; in the Silver Age of Trayta Yuga, charitable feasts; in the Brass Age of Dwaapar Yuga, there was worship.	(ਹੇ ਪੰਡਿਤ ਜੀ! ਤੁਸੀ ਆਖਦੇ ਹੋ ਕਿ ਹਰੇਕ ਜੁਗ ਵਿਚ ਆਪੋ ਆਪਣਾ ਕਰਮ ਹੀ ਪ੍ਰਧਾਨ ਹੈ, ਇਸ ਅਨੁਸਾਰ) ਸਤਜੁਗ ਵਿਚ ਦਾਨ ਆਦਿਕ ਪ੍ਰਧਾਨ ਸੀ, ਤ੍ਰੇਤਾ ਜੁਗ ਜੱਗਾਂ ਵਿਚ ਪ੍ਰਵਿਰਤ ਰਿਹਾ, ਦੁਆਪਰ ਵਿਚ ਦੇਵਤਿਆਂ ਦੀ ਪੂਜਾ ਪ੍ਰਧਾਨ-ਕਰਮ ਸੀ;
15880	346	ਤੀਨੌ ਜੁਗ ਤੀਨੌ ਦਿੜੇ ਕਲਿ ਕੇਵਲ ਨਾਮ ਅਧਾਰ॥੧॥		Theena Jug Theena Dhirrae Kal Kaeval Naam Adhhaar ||1||	In those three ages, people held to these three ways. But in the Iron Age of Kali Yuga, the Name of the Lord is your only Support. ||1||	(ਇਸ ਤਰ੍ਹਾਂ ਤੁਸੀ ਆਖਦੇ ਹੋ ਕਿ) ਤਿੰਨੇ ਜੁਗ ਇਹਨਾਂ ਤਿੰਨਾਂ ਕਰਮਾਂ ਧਰਮਾਂ ਉੱਤੇ ਜ਼ੋਰ ਦੇਂਦੇ ਹਨ; ਤੇ ਹੁਣ ਕਲਜੁਗ ਵਿਚ ਸਿਰਫ਼ (ਰਾਮ) ਨਾਮ ਦਾ ਆਸਰਾ ਹੈ ॥੧॥
15881	346	ਪਾਰੁ ਕੈਸੇ ਪਾਇਬੋ ਰੇ॥		Paar Kaisae Paaeibo Rae ||	How can I swim across?	ਪਰ, ਹੇ ਪੰਡਿਤ! (ਇਹਨਾਂ ਜੁਗਾਂ ਦੇ ਵੰਡੇ ਹੋਏ ਕਰਮਾਂ ਧਰਮਾਂ ਨਾਲ, ਸੰਸਾਰ-ਸਮੁੰਦਰ ਦਾ) ਪਾਰਲਾ ਬੰਨਾ ਕਿਵੇਂ ਲੱਭੋਗੇ?
15882	346	ਮੋਸਉ ਕੋਊ ਨ ਕਹੈ ਸਮਝਾਇ॥	(ਮੋ-ਸਉ) ਦਾਸਨ ਦਾਸ ਨੂੰ	Mo So Kooo N Kehai Samajhaae ||	No one has explained to me,	(ਤੁਹਾਡੇ ਵਿਚੋਂ) ਕੋਈ ਭੀ ਮੈਨੂੰ ਐਸਾ ਕੰਮ ਸਮਝਾ ਕੇ ਨਹੀਂ ਦੱਸ ਸਕਿਆ,

15883	346	ਜਾ ਤੇ ਆਵਾ ਗਵਨੁ ਬਿਲਾਇ॥੧॥ਰਹਾਉ ॥	(ਬਿਲਾਇ) ਮੁੱਕ ਜਾਏ	Jaa Thae Aavaa Gavan Bilaae ||1|| Rehaao ||	So that I might understand how I can escape reincarnation. ||1||Pause||	ਜਿਸ ਦੀ ਸਹਾਇਤਾ ਨਾਲ (ਮਨੁੱਖ ਦਾ) ਜਨਮ ਮਰਨ ਦਾ ਗੇੜ ਮੁੱਕ ਸਕੇ ॥੧॥ ਰਹਾਉ ॥
15884	346	ਬਹੁ ਬਿਧਿ ਧਰਮ ਨਿਰੂਪੀਐ ਕਰਤਾ ਦੀਸੈ ਸਭ ਲੋਇ॥	(ਨਿਰੂਪੀਐ) ਕਥਨ ਕਰੀਦੇ ਹਨ	Bahu Bidhh Dhharam Niroopeeai Karathaa Dheesai Sabh Loe ||	So many forms of religion have been described; the whole world is practicing them.	(ਸ਼ਾਸਤ੍ਰਾਂ ਅਨੁਸਾਰ) ਕਈ ਤਰੀਕਿਆਂ ਨਾਲ ਵਰਨਾਂ ਆਸ਼ਰਮਾਂ ਦੇ ਕਰਤੱਬਾਂ ਦੀ ਹੱਦ-ਬੰਦੀ ਕੀਤੀ ਗਈ ਹੈ; (ਇਹਨਾਂ ਸ਼ਾਸਤ੍ਰਾਂ ਨੂੰ ਮੰਨਣ ਵਾਲਾ) ਸਾਰਾ ਜਗਤ ਇਹੀ ਮਿਥੇ ਹੋਏ ਕਰਮ-ਧਰਮ ਕਰਦਾ ਦਿੱਸ ਰਿਹਾ ਹੈ।
15885	346	ਕਵਨ ਕਰਮ ਤੇ ਛੂਟੀਐ ਜਿਹ ਸਾਧੇ ਸਭ ਸਿਧਿ ਹੋਇ॥੨॥		Kavan Karam Thae Shhootteeai Jih Saadhhae Sabh Sidhh Hoe ||2||	What actions will bring emancipation, and total perfection? ||2||	ਪਰ ਕਿਸ ਕਰਮ-ਧਰਮ ਦੇ ਕਰਨ ਨਾਲ (ਆਵਾਗਵਨ ਤੋਂ) ਖ਼ਲਾਸੀ ਹੋ ਸਕਦੀ ਹੈ? ਉਹ ਕਿਹੜਾ ਕਰਮ ਹੈ ਜਿਸ ਦੇ ਸਾਧਿਆਂ ਜਨਮ-ਮਨੋਰਥ ਦੀ ਸਫਲਤਾ ਹੁੰਦੀ ਹੈ?-(ਇਹ ਗੱਲ ਤੁਸੀ ਨਹੀਂ ਦੱਸ ਸਕੇ) ॥੨॥
15886	346	ਕਰਮ ਅਕਰਮ ਬੀਚਾਰੀਐ ਸੰਕਾ ਸੁਨਿ ਬੇਦ ਪੁਰਾਨ॥	ਅ-ਕਰਮ	Karam Akaram Beechaareeai Sankaa Sun Baedh Puraan ||	One may distinguish between good and evil actions, and listen to the Vedas and the Puraanas,	ਵੇਦਾਂ ਤੇ ਪੁਰਾਣਾਂ ਨੂੰ ਸੁਣ ਕੇ (ਸਗੋਂ ਹੋਰ ਹੋਰ) ਸ਼ੰਕਾ ਵਧਦਾ ਹੈ। ਇਹੀ ਵਿਚਾਰ ਕਰੀਦੀ ਹੈ ਕਿ ਕਿਹੜਾ ਕਰਮ ਸ਼ਾਸਤ੍ਰਾਂ ਦੇ ਅਨੁਸਾਰ ਹੈ, ਤੇ, ਕਿਹੜਾ ਕਰਮ ਸ਼ਾਸਤ੍ਰਾਂ ਨੇ ਵਰਜਿਆ ਹੈ।

15887	346	ਸੰਸਾ ਸਦ ਹਿਰਦੈ ਬਸੈ ਕਉਨੁ ਹਿਰੈ ਅਭਿਮਾਨੁ॥੩॥		Sansaa Sadh Hiradhai Basai Koun Hirai Abhimaan ||3||	But doubt still persists. Skepticism continually dwells in the heart, so who can eradicate egotistical pride? ||3||	(ਵਰਨ ਆਸ਼ਰਮਾਂ ਦੇ ਕਰਮ ਧਰਮ ਕਰਦਿਆਂ ਹੀ, ਮਨੁੱਖ ਦੇ) ਹਿਰਦੇ ਵਿਚ ਸਹਿਮ ਤਾਂ ਟਿਕਿਆ ਹੀ ਰਹਿੰਦਾ ਹੈ, (ਫਿਰ) ਉਹ ਕਿਹੜਾ ਕਰਮ-ਧਰਮ (ਤੁਸੀ ਦੱਸਦੇ ਹੋ) ਜੋ ਮਨ ਦਾ ਅਹੰਕਾਰ ਦੂਰ ਕਰੇ? ॥੩॥
15888	346	ਬਾਹਰੁ ਉਦਕਿ ਪਖਾਰੀਐ ਘਟ ਭੀਤਰਿ ਬਿਬਿਧਿ ਬਿਕਾਰ॥	(ਉਦਕਿ) ਪਾਣੀ ਨਾਲ (ਪਖਾਰੀਐ) ਧੋਈਏ। ਬਿਬਿ-ਧਿ:ਪੋਲਾ ਬੋਲੋ। (ਬਿਬਿਧਿ) ਬਹੁਤ ਪ੍ਰਕਾਰ	Baahar Oudhak Pakhaareeai Ghatt Bheethar Bibidhh Bikaar ||	Outwardly, he washes with water, but deep within, his heart is tarnished by all sorts of vices.	(ਹੇ ਪੰਡਿਤ! ਤੁਸੀ ਤੀਰਥ-ਇਸ਼ਨਾਨ ਤੇ ਜ਼ੋਰ ਦੇਂਦੇ ਹੋ, ਪਰ ਤੀਰਥਾਂ ਤੇ ਜਾ ਕੇ ਤਾਂ ਸਰੀਰ ਦਾ) ਬਾਹਰਲਾ ਪਾਸਾ ਹੀ ਪਾਣੀ ਨਾਲ ਧੋਈਦਾ ਹੈ, ਹਿਰਦੇ ਵਿਚ ਕਈ ਕਿਸਮ ਦੇ ਵਿਕਾਰ ਟਿਕੇ ਹੀ ਰਹਿੰਦੇ ਹਨ,
15889	346	ਸੁਧ ਕਵਨ ਪਰ ਹੋਇਬੋ ਸੁਚ ਕੁੰਚਰ ਬਿਧਿ ਬਿਉਹਾਰ॥੪॥	(ਕੁੰਚਰ) ਹਾਥੀ। ਸੁੱਧ	Sudhh Kavan Par Hoeibo Such Kunchar Bidhh Biouhaar ||4||	So how can he become pure? His method of purification is like that of an elephant, covering himself with dust right after his bath! ||4||	(ਇਸ ਤੀਰਥ-ਇਸ਼ਨਾਨ ਨਾਲ) ਕੌਣ ਪਵਿਤ੍ਰ ਹੋ ਸਕਦਾ ਹੈ? ਇਹ ਸੁੱਚ ਤਾਂ ਇਹੋ ਜਿਹੀ ਹੀ ਹੁੰਦੀ ਹੈ ਜਿਵੇਂ ਹਾਥੀ ਦਾ ਇਸ਼ਨਾਨ-ਕਰਮ ਹੈ ॥੪॥
15890	346	ਰਵਿ ਪ੍ਰਗਾਸ ਰਜਨੀ ਜਥਾ ਗਤਿ ਜਾਨਤ ਸਭ ਸੰਸਾਰ॥	(ਰਵਿ) ਸੂਰਜ। (ਰਜਨੀ) ਰਾਤ। (ਗਤਿ) ਨਾਸ ਹੋ ਜਾਂਦੀ ਹੈ। ਰਜਨੀ ਜਥਾ: ਪੋਲੇ ਬੋਲੋ	Rav Pragaas Rajanee Jathhaa Gath Jaanath Sabh Sansaar ||	With the rising of the sun, the night is brought to its end; the whole world knows this.	(ਪਰ ਹੇ ਪੰਡਿਤ!) ਸਾਰਾ ਸੰਸਾਰ ਇਹ ਗੱਲ ਜਾਣਦਾ ਹੈ ਕਿ ਸੂਰਜ ਦੇ ਚੜ੍ਹਿਆਂ ਕਿਵੇਂ ਰਾਤ (ਦਾ ਹਨੇਰਾ) ਦੂਰ ਹੋ ਜਾਂਦਾ ਹੈ।

15891	346	ਪਾਰਸ ਮਾਨੋ ਤਾਬੋ ਛੁਏ ਕਨਕ ਹੋਤ ਨਹੀ ਬਾਰ॥੫॥	(ਬਾਰ) ਚਿਰ ਨਹੀਂ ਲੱਗਦਾ। ਤਾਂਬੋ	Paaras Maano Thaabo Shhueae Kanak Hoth Nehee Baar ||5||	It is believed that with the touch of the Philosopher's Stone, copper is immediately transformed into gold. ||5||	ਇਹ ਗੱਲ ਭੀ ਚੇਤੇ ਰੱਖਣ ਵਾਲੀ ਹੈ ਕਿ ਤਾਂਬੇ ਦੇ ਪਾਰਸ ਨਾਲ ਛੋਹਿਆਂ ਉਸ ਦੇ ਸੋਨਾ ਬਣਨ ਵਿਚ ਚਿਰ ਨਹੀਂ ਲੱਗਦਾ ॥੫॥
15892	346	ਪਰਮ ਪਰਸ ਗੁਰੁ ਭੇਟੀਐ ਪੂਰਬ ਲਿਖਤ ਲਿਲਾਟ॥	(ਲਿਲਾਟ) ਮੱਥੇ ਤੇ	Param Paras Gur Bhaetteeai Poorab Likhath Lilaatt ||	When one meets the Supreme Philosopher's Stone, the Guru, if such pre-ordained destiny is written on one's forehead,	(ਇਸੇ ਤਰ੍ਹਾਂ) ਜੇ ਪੂਰਬਲੇ ਭਾਗ ਜਾਗਣ ਤਾਂ ਸਤਿਗੁਰੂ ਮਿਲ ਪੈਂਦਾ ਹੈ ਜੋ ਸਭ ਪਾਰਸਾਂ ਤੋਂ ਵਧੀਆ ਪਾਰਸ ਹੈ।
15893	346	ਉਨਮਨ ਮਨ ਮਨ ਹੀ ਮਿਲੇ ਛੁਟਕਤ ਬਜਰ ਕਪਾਟ॥੬॥	(ਉਨਮਨ) ਵਿਆਪਕ ਬ੍ਰਹਮਜੀ। ਛੁੱਟਕਤ। ਬੱਜਰ	Ounaman Man Man Hee Milae Shhuttakath Bajar Kapaatt ||6||	Then the soul blends with the Supreme Soul, and the stubborn doors are opened wide. ||6||	(ਗੁਰੂ ਦੀ ਕਿਰਪਾ ਨਾਲ) ਮਨ ਵਿਚ ਪਰਮਾਤਮਾ ਨੂੰ ਮਿਲਣ ਦੀ ਤਾਂਘ ਪੈਦਾ ਹੋ ਜਾਂਦੀ ਹੈ, ਉਹ ਅੰਤਰ-ਆਤਮੇ ਹੀ ਪ੍ਰਭੂ ਨੂੰ ਮਿਲ ਪੈਂਦਾ ਹੈ, ਮਨ ਦੇ ਕਰੜੇ ਕਵਾੜ ਖੁਲ੍ਹ ਜਾਂਦੇ ਹਨ ॥੬॥
15894	346	ਭਗਤਿ ਜੁਗਤਿ ਮਤਿ ਸਤਿ ਕਰੀ ਭ੍ਰਮ ਬੰਧਨ ਕਾਟਿ ਬਿਕਾਰ॥		Bhagath Jugath Math Sath Karee Bhram Bandhhan Kaatt Bikaar ||	Through the way of devotion, the intellect is imbued with Truth; doubts, entanglements and vices are cut away.	ਜਿਸ ਮਨੁੱਖ ਨੇ ਪ੍ਰਭੂ ਦੀ ਭਗਤੀ ਵਿਚ ਜੁੜ ਕੇ (ਇਸ ਭਗਤੀ ਦੀ ਬਰਕਤ ਨਾਲ) ਭਟਕਣਾ ਵਿਕਾਰਾਂ ਅਤੇ ਮਾਇਆ ਦੇ ਬੰਧਨਾਂ ਨੂੰ ਕੱਟ ਕੇ ਆਪਣੀ ਬੁੱਧੀ ਨੂੰ ਮਾਇਆ ਵਿਚ ਡੋਲਣ ਤੋਂ ਰੋਕ ਲਿਆ ਹੈ।

15895	346	ਸੋਈ ਬਸਿ ਰਸਿ ਮਨ ਮਿਲੇ ਗੁਨ ਨਿਰਗੁਨ ਏਕ ਬਿਚਾਰ॥੭॥	ਬਸਿ: ਪੋਲਾ ਬੋਲੋ	Soee Bas Ras Man Milae Gun Niragun Eaek Bichaar ||7||	The mind is restrained, and one attains joy, contemplating the One Lord, who is both with and without qualities. ||7||	ਉਹੀ ਮਨੁੱਖ (ਪ੍ਰਭੂ ਦੀ ਯਾਦ ਵਿਚ) ਟਿਕ ਕੇ ਆਨੰਦ ਨਾਲ (ਪ੍ਰਭੂ ਨੂੰ) ਅੰਤਰ-ਆਤਮੇ ਹੀ ਮਿਲ ਪੈਂਦਾ ਹੈ, ਅਤੇ ਉਸ ਇੱਕ ਪਰਮਾਤਮਾ ਦੇ ਗੁਣਾਂ ਦੀ ਯਾਦ ਵਿਚ ਰਹਿੰਦਾ ਹੈ, ਜੋ ਮਾਇਆ ਦੇ ਤਿੰਨਾਂ ਗੁਣਾਂ ਤੋਂ ਪਰੇ ਹੈ ॥੭॥
15896	346	ਅਨਿਕ ਜਤਨ ਨਿਗ੍ਰਹ ਕੀਏ ਟਾਰੀ ਨ ਟਰੈ ਭ੍ਰਮ ਫਾਸ॥	(ਨਿਗ੍ਰਹ) ਰੋਕਣਾ	Anik Jathan Nigreh Keeeae Ttaaree N Ttarai Bhram Faas ||	I have tried many methods, but by turning it away, the noose of doubt is not turned away.	(ਪ੍ਰਭੂ ਦੀ ਯਾਦ ਤੋਂ ਬਿਨਾ) ਮਨ ਨੂੰ ਵਿਕਾਰਾਂ ਵਲੋਂ ਰੋਕਣ ਦੇ ਜੇ ਹੋਰ ਅਨੇਕਾਂ ਜਤਨ ਭੀ ਕੀਤੇ ਜਾਣ, (ਤਾਂ ਭੀ ਵਿਕਾਰਾਂ ਵਿਚ) ਭਟਕਣ ਦੀ ਫਾਹੀ ਟਾਲਿਆਂ ਟਲਦੀ ਨਹੀਂ ਹੈ।
15897	346	ਪ੍ਰੇਮ ਭਗਤਿ ਨਹੀ ਊਪਜੈ ਤਾ ਤੇ ਰਵਿਦਾਸ ਉਦਾਸ॥੮॥੧॥		Praem Bhagath Nehee Oopajai Thaa Thae Ravidhaas Oudhaas ||8||1||	Love and devotion have not welled up within me, and so Ravi Daas is sad and depressed. ||8||1||	(ਕਰਮ ਕਾਂਡ ਦੇ) ਇਹਨਾਂ ਜਤਨਾਂ ਨਾਲ ਪ੍ਰਭੂ ਦੀ ਪਿਆਰ-ਭਰੀ ਯਾਦ (ਹਿਰਦੇ ਵਿਚ) ਪੈਦਾ ਨਹੀਂ ਹੋ ਸਕਦੀ। ਇਸੇ ਵਾਸਤੇ ਮੈਂ ਰਵਿਦਾਸ ਇਹਨਾਂ ਕਰਮਾਂ-ਧਰਮਾਂ ਤੋਂ ਉਪਰਾਮ ਹਾਂ ॥੮॥੧॥

15898	347	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
15899	347	ਰਾਗੁ ਆਸਾ ਮਹਲਾ ੧ ਘਰੁ ੧ ਸੋਦਰੁ॥	ਘਰੁ ਪਹਿਲਾ। ਸੋਦਰੁ: ਇਕੱਠਾ ਗੁਰਬਾਣੀ ਜੀ ਦਾ ਨਾਮ ਹੈ	Raag Aasaa Mehalaa 1 Ghar 1 So Dhar ||	Raag Aasaa, First Mehl, First House, So Dar ~ That Gate:	
15900	347	ਸੋ ਦਰੁ ਤੇਰਾ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ ਸਮ੍ਹਾਲੇ॥		So Dhar Thaeraa Kaehaa So Ghar Kaehaa Jith Behi Sarab Samhaalae ||	What is that Gate, and what is that Home, in which You sit and take care of all?	ਉਹ ਦਰ-ਘਰ ਬੜਾ ਹੀ ਅਸਚਰਜ ਹੈ, ਜਿਥੇ ਬੈਠ ਕੇ (ਹੇ ਨਿਰੰਕਾਰ!) ਤੂੰ ਸਾਰੇ ਜੀਵਾਂ ਦੀ ਸੰਭਾਲ ਕਰ ਰਿਹਾ ਹੈਂ।
15901	347	ਵਾਜੇ ਤੇਰੇ ਨਾਦ ਅਨੇਕ ਅਸੰਖਾ ਕੇਤੇ ਤੇਰੇ ਵਾਵਣਹਾਰੇ॥	(ਵਾਵਣਹਾਰੇ) ਵਜਾਵਣ ਵਾਲੇ	Vaajae Thaerae Naadh Anaek Asankhaa Kaethae Thaerae Vaavanehaarae ||	Countless musical instruments of so many various kinds vibrate there for You; so many are the musicians there for You.	(ਤੇਰੀ ਇਸ ਰਚੀ ਹੋਈ ਕੁਦਰਤਿ ਵਿਚ) ਅਨੇਕਾਂ ਤੇ ਅਣਗਿਣਤ ਵਾਜੇ ਤੇ ਰਾਗ ਹਨ, ਬੇਅੰਤ ਹੀ ਜੀਵ (ਉਹਨਾਂ ਵਾਜਿਆਂ ਨੂੰ) ਵਜਾਣ ਵਾਲੇ ਹਨ।

15902	347	ਕੇਤੇ ਤੇਰੇ ਰਾਗ ਪਰੀ ਸਿਉ ਕਹੀਅਹਿ ਕੇਤੇ ਤੇਰੇ ਗਾਵਣਹਾਰੇ॥	ਕਹੀ-ਅਹਿ	Kaethae Thaerae Raag Paree Sio Keheeahi Kaethae Thaerae Gaavanehaarae ||	There are so many Ragas there for You, along with their accompanying harmonies; so many minstrels sing to You.	ਰਾਗਣੀਆਂ ਸਣੇ ਬੇਅੰਤ ਹੀ ਰਾਗ ਕਹੇ ਜਾਂਦੇ ਹਨ ਅਤੇ ਅਨੇਕਾਂ ਹੀ ਜੀਵ (ਇਹਨਾਂ ਰਾਗਾਂ ਦੇ) ਗਾਵਣ ਵਾਲੇ ਹਨ (ਜੋ ਤੈਨੂੰ ਗਾ ਰਹੇ ਹਨ)।
15903	347	ਗਾਵਨਿ ਤੁਧਨੋ ਪਉਣੁ ਪਾਣੀ ਬੈਸੰਤਰੁ ਗਾਵੈ ਰਾਜਾ ਧਰਮ ਦੁਆਰੇ॥		Gaavanih Thudhhano Poun Paanee Baisanthar Gaavai Raajaa Dhharam Dhuaarae ||	The winds sing to You, as do water and fire; the Righteous Judge of Dharma sings at Your Door.	(ਹੇ ਨਿਰੰਕਾਰ!) ਹਵਾ, ਪਾਣੀ, ਅੱਗ ਤੇਰੇ ਗੁਣ ਗਾ ਰਹੇ ਹਨ। ਧਰਮਰਾਜ ਤੇਰੇ ਦਰ ਤੇ (ਖਲੋ ਕੇ) ਤੈਨੂੰ ਵਡਿਆਇ ਰਿਹਾ ਹੈ।
15904	347	ਗਾਵਨਿ ਤੁਧਨੋ ਚਿਤੁ ਗੁਪਤੁ ਲਿਖਿ ਜਾਣਨਿ ਲਿਖਿ ਲਿਖਿ ਧਰਮੁ ਵੀਚਾਰੇ॥		Gaavanih Thudhhano Chith Gupath Likh Jaanan Likh Likh Dhharam Veechaarae ||	Chitar and Gupat, the recording angels of the conscious and the subconscious, sing to You; they know, and they write, and on the basis of what they write, the Lord of Dharma passes judgement.	ਉਹ ਚਿਤ੍ਰਗੁਪਤ ਭੀ ਜੋ (ਜੀਵਾਂ ਦੇ ਚੰਗੇ ਮੰਦੇ ਕਰਮਾਂ ਦੇ ਲੇਖੇ) ਲਿਖਣੇ ਜਾਣਦੇ ਹਨ ਅਤੇ ਜਿਨ੍ਹਾਂ ਦੇ ਲਿਖੇ ਹੋਏ ਲੇਖੇ ਧਰਮਰਾਜ ਵਿਚਾਰਦਾ ਹੈ, ਤੇਰੀਆਂ ਵਡਿਆਈਆਂ ਕਰ ਰਹੇ ਹਨ।
15905	347	ਗਾਵਨਿ ਤੁਧਨੋ ਈਸਰੁ ਬ੍ਰਹਮਾ ਦੇਵੀ ਸੋਹਨਿ ਤੇਰੇ ਸਦਾ ਸਵਾਰੇ॥		Gaavanih Thudhhano Eesar Brehamaa Dhaevee Sohan Thaerae Sadhaa Savaarae ||	Shiva and Brahma and the Goddess Parvaati, so beautiful and ever adorned by You, sing to You.	(ਹੇ ਅਕਾਲ ਪੁਰਖ!) ਦੇਵੀਆਂ, ਸ਼ਿਵ ਤੇ ਬ੍ਰਹਮਾ ਜੋ ਤੇਰੇ ਸਵਾਰੇ ਹੋਏ ਹਨ ਤੇ ਸੋਭ ਰਹੇ ਹਨ, ਤੈਨੂੰ ਗਾ ਰਹੇ ਹਨ।

15906	347	ਗਾਵਨ੍ਹਿ ਤੁਧਨੋ ਇੰਦ੍ਰ ਇੰਦ੍ਰਾਸਣਿ ਬੈਠੇ ਦੇਵਤਿਆ ਦਰਿ ਨਾਲੇ॥	(ਇੰਦ੍ਰਾਸਣਿ) ਇੰਦ੍ਰ ਦੇ ਆਸਣ ਤੇ ਬੈਠੇ	Gaavanih Thudhhano Eindhr Eindhraasan Baithae Dhaevathiaa Dhar Naalae ||	The Indras, seated upon their celestial thrones, with the deities at Your Gate, sing to You.	ਕਈ ਇੰਦ੍ਰ ਆਪਣੇ ਤਖ਼ਤ ਉਤੇ ਬੈਠੇ ਹੋਏ ਦੇਵਤਿਆਂ ਸਮੇਤ ਤੇਰੇ ਦਰ ਤੇ ਤੈਨੂੰ ਸਾਲਾਹ ਰਹੇ ਹਨ।
15907	347	ਗਾਵਨ੍ਹਿ ਤੁਧਨੋ ਸਿਧ ਸਮਾਧੀ ਅੰਦਰਿ ਗਾਵਨ੍ਹਿ ਤੁਧਨੋ ਸਾਧ ਬੀਚਾਰੇ॥		Gaavanih Thudhhano Sidhh Samaadhhee Andhar Gaavanih Thudhhano Saadhh Beechaarae ||	The Siddhas in Samaadhi sing to You, and the Holy Saints, in their contemplative meditation, sing to You.	ਸਿੱਧ ਲੋਕ ਸਮਾਧੀਆਂ ਲਾ ਕੇ ਤੈਨੂੰ ਗਾ ਰਹੇ ਹਨ, ਸਾਧ ਵਿਚਾਰ ਕਰ ਕਰ ਕੇ ਤੈਨੂੰ ਸਾਲਾਹ ਰਹੇ ਹਨ।
15908	347	ਗਾਵਨ੍ਹਿ ਤੁਧਨੋ ਜਤੀ ਸਤੀ ਸੰਤੋਖੀ ਗਾਵਨਿ ਤੁਧਨੋ ਵੀਰ ਕਰਾਰੇ॥	(ਕਰਾਰੇ) ਤਕੜੇ (ਵੀਰ) ਸੂਰਮੇ	Gaavanih Thudhhano Jathee Sathee Santhokhee Gaavan Thudhhano Veer Karaarae ||	The celibates, the truthful and the patient beings sing to You, and the mighty warriors sing to You.	ਜਤ-ਧਾਰੀ, ਦਾਨ ਕਰਨ ਵਾਲੇ ਤੇ ਸੰਤੋਖ ਵਾਲੇ ਪੁਰਸ਼ ਤੇਰੇ ਗੁਣ ਗਾ ਰਹੇ ਹਨ, ਅਤੇ (ਬੇਅੰਤ) ਤਕੜੇ ਸੂਰਮੇ ਤੇਰੀਆਂ ਵਡਿਆਈਆਂ ਕਰ ਰਹੇ ਹਨ।
15909	347	ਗਾਵਨਿ ਤੁਧਨੋ ਪੰਡਿਤ ਪੜੇ ਰਖੀਸੁਰ ਜੁਗੁ ਜੁਗੁ ਬੇਦਾ ਨਾਲੇ॥	(ਰਖੀਸੁਰ) ਵੱਡੇ ਰਿਖੀ	Gaavan Thudhhano Panddith Parrae Rakheesur Jug Jug Baedhaa Naalae ||	The scholarly Pandits sing to You, along with the holy Rishis and the readers of the Vedas throughout the ages.	(ਹੇ ਅਕਾਲ ਪੁਰਖ!) ਪੜ੍ਹੇ ਹੋਏ ਪੰਡਿਤ ਤੇ ਮਹਾ ਰਿਖੀ ਵੇਦਾਂ ਸਣੇ ਤੈਨੂੰ ਗਾ ਰਹੇ ਹਨ।

15910	347	ਗਾਵਨਿ ਤੁਧਨੋ ਮੋਹਣੀਆ ਮਨੁ ਮੋਹਨਿ ਸੁਰਗੁ ਮਛੁ ਪਇਆਲੇ॥	(ਮੋਹਣੀਆ) ਸੁੰਦਰ ਇਸਤ੍ਰੀਆਂ। (ਮਛੁ) ਮਾਤ ਲੋਕ। (ਪ-ਇਆਲੇ) ਪਤਾਲ ਲੋਕ	Gaavan Thudhhano Mohaneeaa Man Mohan Surag Mashh Paeiaalae ||	The Mohinis, the heavenly beauties who entice the heart in paradise, in this world and in the nether regions, sing to You.	ਸੁੰਦਰ ਇਸਤ੍ਰੀਆਂ ਜੋ ਮਨ ਨੂੰ ਮੋਹਦੀਆਂ ਹਨ, ਤੈਨੂੰ ਗਾ ਰਹੀਆਂ ਹਨ, ਸੁਰਗ-ਲੋਕ, ਮਾਤ-ਲੋਕ, ਪਾਤਾਲ-ਲੋਕ ਤੈਨੂੰ ਗਾ ਰਹੇ ਹਨ।
15911	347	ਗਾਵਨਿ ਤੁਧਨੋ ਰਤਨ ਉਪਾਏ ਤੇਰੇ ਜੇਤੇ ਅਠਸਠਿ ਤੀਰਥ ਨਾਲੇ॥		Gaavanih Thudhhano Rathan Oupaaeae Thaerae Jaethae Athasath Theerathh Naalae ||	The fourteen priceless jewels created by You, and the sixty-eight holy places of pilgrimage, sing to You.	(ਹੇ ਨਿਰੰਕਾਰ!) ਜਿਤਨੇ ਭੀ ਤੇਰੇ ਪੈਦਾ ਕੀਤੇ ਹੋਏ ਰਤਨ ਹਨ, ਉਹ ਅਠਾਹਠ ਤੀਰਥਾਂ ਸਮੇਤ ਤੈਨੂੰ ਗਾ ਰਹੇ ਹਨ।
15912	347	ਗਾਵਨਿ ਤੁਧਨੋ ਜੋਧ ਮਹਾ ਬਲ ਸੂਰਾ ਗਾਵਨਿ ਤੁਧਨੋ ਖਾਣੀ ਚਾਰੇ॥		Gaavanih Thudhhano Jodhh Mehaabal Sooraa Gaavanih Thudhhano Khaanee Chaarae ||	The mighty warriors and the divine heroes sing to You, and the four sources of creation sing to You.	ਵੱਡੇ ਬਲ ਵਾਲੇ ਜੋਧੇ ਤੇ ਸੂਰਮੇ ਤੇਰੀ ਸਿਫ਼ਤਿ ਕਰ ਰਹੇ ਹਨ। ਚੌਹਾਂ ਹੀ ਖਾਣੀਆਂ ਦੇ ਜੀਅ ਜੰਤ ਤੈਨੂੰ ਗਾ ਰਹੇ ਹਨ।

15913	347	ਗਾਵਨਿ੍ ਤੁਧਨੋ ਖੰਡ ਮੰਡਲ ਬ੍ਰਹਮੰਡਾ ਕਰਿ ਕਰਿ ਰਖੇ ਤੇਰੇ ਧਾਰੇ॥		Gaavanih Thudhhano Khandd Manddal Brehamanddaa Kar Kar Rakhae Thaerae Dhhaarae ||	The continents, the worlds and the solar systems, created and installed by Your Hand, sing to You.	ਸਾਰੀ ਸ੍ਰਿਸ਼ਟੀ, ਸ੍ਰਿਸ਼ਟੀ ਦੇ ਸਾਰੇ ਖੰਡ ਅਤੇ ਚੱਕ੍ਰ, ਜੋ ਤੂੰ ਪੈਦਾ ਕਰ ਕੇ ਟਿਕਾ ਰੱਖੇ ਹਨ; ਤੈਨੂੰ ਗਾਉਂਦੇ ਹਨ।
15914	347	ਸੇਈ ਤੁਧਨੋ ਗਾਵਨਿ੍ ਜੋ ਤੁਧੁ ਭਾਵਨਿ੍ ਰਤੇ ਤੇਰੇ ਭਗਤ ਰਸਾਲੇ॥	(ਰਸਾਲੇ) ਰਸੀਏ	Saeee Thudhhano Gaavanih Jo Thudhh Bhaavanih Rathae Thaerae Bhagath Rasaalae ||	They alone sing to You, who are pleasing to Your Will, and who are imbued with the nectar of Your devotional worship.	(ਹੇ ਅਕਾਲ ਪੁਰਖ!) (ਅਸਲ ਵਿਚ ਤਾਂ) ਉਹੋ ਤੇਰੇ ਪ੍ਰੇਮ ਵਿਚ ਰੱਤੇ ਰਸੀਏ ਭਗਤ ਜਨ ਤੈਨੂੰ ਗਾਉਂਦੇ ਹਨ (ਭਾਵ, ਉਨ੍ਹਾਂ ਦਾ ਹੀ ਗਾਉਣਾ ਸਫਲ ਹੈ) ਜੋ ਤੈਨੂੰ ਚੰਗੇ ਲੱਗਦੇ ਹਨ।
15915	347	ਹੋਰਿ ਕੇਤੇ ਤੁਧਨੋ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਬੀਚਾਰੇ॥		Hor Kaethae Thudhhano Gaavan Sae Mai Chith N Aavan Naanak Kiaa Beechaarae ||	So many others sing to You, they do not come into my mind; how can Nanak think of them?	ਅਨੇਕਾਂ ਹੋਰ ਜੀਵ ਤੈਨੂੰ ਗਾ ਰਹੇ ਹਨ, ਜੇਹੜੇ ਮੈਥੋਂ ਗਿਣੇ ਭੀ ਨਹੀਂ ਜਾ ਸਕਦੇ। (ਭਲਾ) ਨਾਨਕ (ਵਿਚਾਰਾ) ਕੀਹ ਵਿਚਾਰ ਕਰ ਸਕਦਾ ਹੈ?
15916	347	ਸੋਈ ਸੋਈ ਸਦਾ ਸਚੁ ਸਾਹਿਬੁ ਸਾਚਾ ਸਾਚੀ ਨਾਈ॥		Soee Soee Sadhaa Sach Saahib Saachaa Saachee Naaee ||	That Lord and Master - He is True, forever True; He is True, and True is His Name.	ਉਹ ਪਰਮਾਤਮਾ ਸਦਾ-ਥਿਰ ਹੈ, ਉਹ ਮਾਲਕ ਸੱਚਾ ਹੈ, ਉਸ ਦੀ ਵਡਿਆਈ ਭੀ ਸਦਾ ਅਟੱਲ ਹੈ।

15917	347	ਹੈ ਭੀ ਹੋਸੀ ਜਾਇ ਨ ਜਾਸੀ ਰਚਨਾ ਜਿਨਿ ਰਚਾਈ॥		Hai Bhee Hosee Jaae N Jaasee Rachanaa Jin Rachaaee ||	He who created the creation is True, and He shall always be True; He shall not depart, even when the creation departs.	ਜਿਸ ਅਕਾਲ ਪੁਰਖ ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ ਉਹ ਐਸ ਵੇਲੇ ਮੌਜੂਦ ਹੈ, ਸਦਾ ਰਹੇਗਾ, ਨਾਹ ਉਹ ਜੰਮਿਆ ਹੈ ਅਤੇ ਨਾਹ ਹੀ ਉਹ ਮਰੇਗਾ।
15918	347	ਰੰਗੀ ਰੰਗੀ ਭਾਤੀ ਜਿਨਸੀ ਮਾਇਆ ਜਿਨਿ ਉਪਾਈ॥	(ਜਿਨਸੀ) ਕਿਸਮਾ	Rangee Rangee Bhaathee Jinasee Maaeiaa Jin Oupaaee ||	He created the world of Maya with its various colors and species.	ਜਿਸ ਅਕਾਲ ਪੁਰਖ ਨੇ ਕਈ ਰੰਗਾਂ, ਕਿਸਮਾਂ ਅਤੇ ਜਿਨਸਾਂ ਦੀ ਮਾਇਆ ਰਚ ਦਿੱਤੀ ਹੈ,
15919	347	ਕਰਿ ਕਰਿ ਦੇਖੈ ਕੀਤਾ ਅਪਣਾ ਜਿਉ ਤਿਸ ਦੀ ਵਡਿਆਈ॥		Kar Kar Dhaekhai Keethaa Apanaa Jio This Dhee Vaddiaaee ||	Having created the creation, He Himself watches over it, as it pleases His Greatness.	ਉਹ ਜਿਵੇਂ ਉਸ ਦੀ ਰਜ਼ਾ ਹੈ (ਭਾਵ, ਜੇਡਾ ਵੱਡਾ ਆਪ ਹੈ ਓਡੇ ਵੱਡੇ ਜਿਗਰੇ ਨਾਲ ਜਗਤ ਨੂੰ ਰਚ ਕੇ) ਆਪਣੇ ਪੈਦਾ ਕੀਤੇ ਹੋਏ ਦੀ ਸੰਭਾਲ ਭੀ ਕਰ ਰਿਹਾ ਹੈ।
15920	347	ਜੋ ਤਿਸੁ ਭਾਵੈ ਸੋਈ ਕਰਸੀ ਫਿਰਿ ਹੁਕਮੁ ਨ ਕਰਣਾ ਜਾਈ॥		Jo This Bhaavai Soee Karasee Fir Hukam N Karanaa Jaaee ||	Whatever pleases Him, that is what He does. No one can issue any commands to Him.	ਜੋ ਕੁਝ ਅਕਾਲ ਪੁਰਖ ਨੂੰ ਭਾਉਂਦਾ ਹੈ, ਉਹੋ ਹੀ ਉਹ ਕਰੇਗਾ। ਕਿਸੇ ਜੀਵ ਪਾਸੋਂ ਪਰਮਾਤਮਾ ਅਗੇ ਹੁਕਮ ਨਹੀਂ ਕੀਤਾ ਜਾ ਸਕਦਾ, (ਉਸ ਨੂੰ ਇਹ ਨਹੀਂ ਆਖ ਸਕਦਾ-ਇਉਂ ਨ ਕਰੀਂ, ਇਉਂ ਕਰ)।

15921	348	ਸੋ ਪਾਤਿਸਾਹੁ ਸਾਹਾ ਪਤਿ ਸਾਹਿਬੁ ਨਾਨਕ ਰਹਣੁ ਰਜਾਈ॥੧॥੧॥		So Paathisaahu Saahaa Path Saahib Naanak Rehan Rajaaee ||1||1||	He is the King, the King of Kings, the Emperor of Kings! Nanak lives in surrender to His Will. ||1||1||	ਅਕਾਲ ਪੁਰਖ ਪਾਤਸ਼ਾਹ ਹੈ, ਸ਼ਾਹਾਂ ਦਾ ਸ਼ਾਹ ਹੈ, ਮਾਲਕ ਹੈ। ਹੇ ਨਾਨਕ! (ਸਾਨੂੰ) ਉਸ ਦੀ ਰਜ਼ਾ ਵਿਚ ਰਹਿਣਾ (ਹੀ ਫੱਬਦਾ ਹੈ) ॥੧॥੧॥
15922	348	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	
15923	348	ਸੋ ਪੁਰਖੁ ਨਿਰੰਜਨੁ ਹਰਿ ਪੁਰਖੁ ਨਿਰੰਜਨੁ ਹਰਿ ਅਗਮਾ ਅਗਮ ਅਪਾਰਾ॥	ਅ-ਗਮ: ਪੋਲਾ ਬੋਲੋ। (ਅਗਮ) ਸੋਗ ਰਹਿਤ	So Purakh Niranjan Har Purakh Niranjan Har Agamaa Agam Apaaraa ||	That Lord is Immaculate; the Lord God is Immaculate. The Lord is Unapproachable, Unfathomable and Incomparable.	ਉਹ ਪਰਮਾਤਮਾ ਸਭ ਜੀਵਾਂ ਵਿਚ ਵਿਆਪਕ ਹੈ, (ਫਿਰ ਭੀ) ਮਾਇਆ ਦੇ ਪ੍ਰਭਾਵ ਤੋਂ ਉਤਾਂਹ ਹੈ, ਅਪਹੁੰਚ ਹੈ ਤੇ ਬੇਅੰਤ ਹੈ।
15924	348	ਸਭਿ ਧਿਆਵਹਿ ਸਭਿ ਧਿਆਵਹਿ ਤੁਧੁ ਜੀ ਹਰਿ ਸਚੇ ਸਿਰਜਣਹਾਰਾ॥	ਧਿਆਵ-ਹਿ	Sabh Dhhiaavehi Sabh Dhhiaavehi Thudhh Jee Har Sachae Sirajanehaaraa ||	All meditate, all meditate on You, O Dear Lord, O True Creator.	ਹੇ ਸਦਾ ਕਾਇਮ ਰਹਿਣ ਵਾਲੇ ਤੇ ਸਭ ਜੀਵਾਂ ਨੂੰ ਪੈਦਾ ਕਰਨ ਵਾਲੇ ਹਰੀ! ਸਾਰੇ ਜੀਆ-ਜੰਤ ਤੈਨੂੰ ਸਿਮਰਦੇ ਹਨ।

15925	348	ਸਭਿ ਜੀਅ ਤੁਮਾਰੇ ਜੀ ਤੂੰ ਜੀਆ ਕਾ ਦਾਤਾਰਾ॥		Sabh Jeea Thumaarae Jee Thoon Jeeaa Kaa Dhaathaaraa ||	All beings are Yours; You are the Giver of all beings.	ਸਾਰੇ ਜੀਵ ਤੇਰੇ ਹੀ ਪੈਦਾ ਕੀਤੇ ਹੋਏ ਹਨ, ਤੂੰ ਸਭ ਜੀਵਾਂ ਨੂੰ ਰਿਜ਼ਕ ਦੇਣ ਵਾਲਾ ਹੈਂ।
15926	348	ਹਰਿ ਧਿਆਵਹੁ ਸੰਤਹੁ ਜੀ ਸਭਿ ਦੂਖ ਵਿਸਾਰਣਹਾਰਾ॥		Har Dhhiaavahu Santhahu Jee Sabh Dhookh Visaaranehaaraa ||	So meditate on the Lord, O Saints; He is the One who takes away all pain.	ਹੇ ਸੰਤ ਜਨੋ! ਉਸ ਪ੍ਰਭੂ ਨੂੰ ਸਿਮਰੋ, ਉਹ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ।
15927	348	ਹਰਿ ਆਪੇ ਠਾਕੁਰੁ ਹਰਿ ਆਪੇ ਸੇਵਕੁ ਜੀ ਕਿਆ ਨਾਨਕ ਜੰਤ ਵਿਚਾਰਾ॥੧॥		Har Aapae Thaakur Har Aapae Saevak Jee Kiaa Naanak Janth Vichaaraa ||1||	The Lord Himself is the Master, and He Himself is His own servant. O Nanak, how insignificant are mortal beings! ||1||	ਉਹ ਪ੍ਰਭੂ (ਜੀਵਾਂ ਵਿਚ ਵਿਆਪਕ ਹੋਣ ਕਰਕੇ) ਆਪ ਹੀ ਮਾਲਕ ਹੈ ਤੇ ਆਪ ਹੀ ਸੇਵਕ ਹੈ। ਹੇ ਨਾਨਕ! ਜੀਵ ਵਿਚਾਰੇ ਕੀਹ ਹਨ? (ਭਾਵ, ਜੀਵਾਂ ਦੀ ਉਸ ਪ੍ਰਭੂ ਤੋਂ ਵੱਖਰੀ ਕੋਈ ਹਸਤੀ ਨਹੀਂ) ॥੧॥
15928	348	ਤੂੰ ਘਟ ਘਟ ਅੰਤਰਿ ਸਰਬ ਨਿਰੰਤਰਿ ਜੀ ਹਰਿ ਏਕੋ ਪੁਰਖੁ ਸਮਾਣਾ॥	(ਨਿਰੰਤਰਿ) ਇੱਕ ਰਸ	Thoon Ghatt Ghatt Anthar Sarab Niranthar Jee Har Eaeko Purakh Samaanaa ||	You are totally pervading within each and every heart; O Lord, You are the One Primal Being, All-permeating.	ਹੇ ਹਰੀ! ਤੂੰ ਹਰੇਕ ਸਰੀਰ ਵਿਚ ਵਿਆਪਕ ਹੈਂ, ਤੂੰ ਸਭ ਜੀਵਾਂ ਵਿਚ ਇਕ-ਰਸ ਮੌਜੂਦ ਹੈਂ, ਤੂੰ ਇਕ ਆਪ ਹੀ ਸਭ ਜੀਵਾਂ ਵਿਚ ਸਮਾਇਆ ਹੋਇਆ ਹੈਂ।

15929	348	ਇਕਿ ਦਾਤੇ ਇਕਿ ਭੇਖਾਰੀ ਜੀ ਸਭਿ ਤੇਰੇ ਚੋਜ ਵਿਡਾਣਾ॥	(ਵਿਡਾਣਾ) ਅਸਚਰਜ	Eik Dhaathae Eik Bhaekhaaree Jee Sabh Thaerae Choj Viddaanaa ||	Some are givers, and some are beggars; all of this is Your wondrous play!	(ਫਿਰ ਭੀ) ਕਈ ਜੀਵ ਦਾਨੀ ਹਨ, ਕਈ ਜੀਵ ਮੰਗਤੇ ਹਨ- ਇਹ ਤੇਰੇ ਹੀ ਅਸਚਰਜ ਤਮਾਸ਼ੇ ਹਨ।
15930	348	ਤੂੰ ਆਪੇ ਦਾਤਾ ਆਪੇ ਭੁਗਤਾ ਜੀ ਹਉ ਤੁਧੁ ਬਿਨੁ ਅਵਰੁ ਨ ਜਾਣਾ॥		Thoon Aapae Dhaathaa Aapae Bhugathaa Jee Ho Thudhh Bin Avar N Jaanaa ||	You Yourself are the Giver, and You Yourself are the Enjoyer. I know of no other than You.	(ਕਿਉਂਕਿ ਅਸਲ ਵਿਚ) ਤੂੰ ਆਪ ਹੀ ਦਾਤਾਂ ਦੇਣ ਵਾਲਾ ਹੈਂ, ਤੇ ਆਪ ਹੀ (ਉਹਨਾਂ ਦਾਤਾਂ ਨੂੰ) ਵਰਤਣ ਵਾਲਾ ਹੈਂ। (ਸਾਰੀ ਸ੍ਰਿਸ਼ਟੀ ਵਿਚ) ਮੈਂ ਤੈਥੋਂ ਬਿਨਾ ਕਿਸੇ ਹੋਰ ਨੂੰ ਨਹੀਂ ਪਛਾਣਦਾ (ਭਾਵ, ਤੈਥੋਂ ਬਿਨਾ ਕੋਈ ਹੋਰ ਦੂਜਾ ਨਹੀਂ ਦਿੱਸਦਾ)।
15931	348	ਤੂੰ ਪਾਰਬ੍ਰਹਮੁ ਬੇਅੰਤੁ ਬੇਅੰਤੁ ਜੀ ਤੇਰੇ ਕਿਆ ਗੁਣ ਆਖਿ ਵਖਾਣਾ॥		Thoon Paarabreham Baeanth Baeanth Jee Thaerae Kiaa Gun Aakh Vakhaanaa ||	You are the Supreme Lord God, Infinite and Eternal; what Glorious Praises of Yours should I speak and chant?	ਮੈਂ ਤੇਰੇ ਕੇਹੜੇ ਕੇਹੜੇ ਗੁਣ ਆਖ ਕੇ ਦੱਸਾਂ? ਤੂੰ ਬੇਅੰਤ ਪਾਰਬ੍ਰਹਮ ਹੈਂ, ਤੂੰ ਬੇਅੰਤ ਪਾਰਬ੍ਰਹਮ ਹੈਂ।
15932	348	ਜੋ ਸੇਵਹਿ ਜੋ ਸੇਵਹਿ ਤੁਧੁ ਜੀ ਜਨੁ ਨਾਨਕੁ ਤਿਨ੍ਹ ਕੁਰਬਾਣਾ॥੨॥		Jo Saevehi Jo Saevehi Thudhh Jee Jan Naanak Thinh Kurabaanaa ||2||	Unto those who serve, unto those who serve You, slave Nanak is a sacrifice. ||2||	ਹੇ ਪ੍ਰਭੂ! ਜੋ ਤੈਨੂੰ ਯਾਦ ਕਰਦੇ ਹਨ ਜੋ ਤੈਨੂੰ ਸਿਮਰਦੇ ਹਨ, ਦਾਸ ਨਾਨਕ ਉਹਨਾਂ ਤੋਂ ਸਦਕੇ ਜਾਂਦਾ ਹੈ ॥੨॥

15933	348	ਹਰਿ ਧਿਆਵਹਿ ਹਰਿ ਧਿਆਵਹਿ ਤੁਧੁ ਜੀ ਸੇ ਜਨ ਜੁਗ ਮਹਿ ਸੁਖਵਾਸੀ॥		Har Dhhiaavehi Har Dhhiaavehi Thudhh Jee Sae Jan Jug Mehi Sukh Vaasee ||	Those who meditate on the Lord, those who meditate on You, O Dear Lord, those humble beings dwell in peace in this world.	ਹੇ ਹਰੀ! ਜੋ ਮਨੁੱਖ ਤੈਨੂੰ ਸਿਮਰਦੇ ਹਨ ਜੋ ਤੈਨੂੰ ਧਿਆਉਂਦੇ ਹਨ, ਉਹ ਆਪਣੀ ਜ਼ਿੰਦਗੀ ਵਿਚ ਸੁਖੀ ਵੱਸਦੇ ਹਨ।
15934	348	ਸੇ ਮੁਕਤੁ ਸੇ ਮੁਕਤੁ ਭਏ ਜਿਨ੍ ਹਰਿ ਧਿਆਇਆ ਜੀਉ ਤਿਨ ਤੂਟੀ ਜਮ ਕੀ ਫਾਸੀ॥		Sae Mukath Sae Mukath Bheae Jinh Har Dhhiaaeiaa Jeeo Thin Ttoottee Jam Kee Faasee ||	They are liberated, they are liberated, who meditate on the Lord; the noose of Death is cut away from them.	ਜਿਨ੍ਹਾਂ ਮਨੁੱਖਾਂ ਨੇ ਹਰੀ-ਨਾਮ ਸਿਮਰਿਆ ਹੈ, ਉਹ ਸਦਾ ਲਈ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਹੋ ਗਏ ਹਨ, ਉਹਨਾਂ ਦੀ ਜਮਾਂ ਵਾਲੀ ਫਾਹੀ ਟੁੱਟ ਗਈ ਹੈ।
15935	348	ਜਿਨ ਨਿਰਭਉ ਜਿਨ੍ ਹਰਿ ਨਿਰਭਉ ਧਿਆਇਆ ਜੀਉ ਤਿਨ ਕਾ ਭਉ ਸਭੁ ਗਵਾਸੀ॥		Jin Nirabho Jinh Har Nirabho Dhhiaaeiaa Jeeo Thin Kaa Bho Sabh Gavaasee ||	Those who meditate on the Fearless One, on the Fearless Lord, all their fears are dispelled.	ਜਿਨ੍ਹਾਂ ਨੇ ਨਿਰਭਉ ਪ੍ਰਭੂ ਨੂੰ ਧਿਆਇਆ ਹੈ, ਪ੍ਰਭੂ ਉਹਨਾਂ ਦਾ ਸਾਰਾ ਡਰ ਦੂਰ ਕਰ ਦੇਂਦਾ ਹੈ।

15936	348	ਜਿਨ੍ ਸੇਵਿਆ ਜਿਨ੍ ਸੇਵਿਆ ਮੇਰਾ ਹਰਿ ਜੀਉ ਤੇ ਹਰਿ ਹਰਿ ਰੂਪਿ ਸਮਾਸੀ॥		Jinh Saeviaa Jinh Saeviaa Maeraa Har Jeeo Thae Har Har Roop Samaasee ||	Those who have served, those who have served my Dear Lord, are absorbed into the Being of the Lord, Har, Har.	ਜਿਨ੍ਹਾਂ ਨੇ ਪਿਆਰੇ ਪ੍ਰਭੂ ਨੂੰ ਸਿਮਰਿਆ ਹੈ, ਉਹ ਪ੍ਰਭੂ ਦੇ ਸਰੂਪ ਵਿਚ ਹੀ ਲੀਨ ਹੋ ਗਏ ਹਨ।
15937	348	ਸੇ ਧੰਨੁ ਸੇ ਧੰਨੁ ਜਿਨ ਹਰਿ ਧਿਆਇਆ ਜੀਉ ਜਨੁ ਨਾਨਕੁ ਤਿਨ ਬਲਿ ਜਾਸੀ॥੩॥		Sae Dhhann Sae Dhhann Jin Har Dhhiaaeiaa Jeeo Jan Naanak Thin Bal Jaasee ||3||	Blessed are they, blessed are they, who have meditated on the Dear Lord; slave Nanak is a sacrifice to them. ||3||	ਭਾਗਾਂ ਵਾਲੇ ਹਨ ਉਹ ਮਨੁੱਖ; ਧੰਨ ਹਨ ਉਹ ਮਨੁੱਖ, ਜਿਨ੍ਹਾਂ ਨੇ ਪ੍ਰਭੂ ਨੂੰ ਧਿਆਇਆ ਹੈ, ਦਾਸ ਨਾਨਕ ਉਹਨਾਂ ਤੋਂ ਕੁਰਬਾਨ ਜਾਂਦਾ ਹੈ ॥੩॥
15938	348	ਤੇਰੀ ਭਗਤਿ ਤੇਰੀ ਭਗਤਿ ਭੰਡਾਰ ਜੀ ਭਰੇ ਬੇਅੰਤ ਬੇਅੰਤਾ॥		Thaeree Bhagath Thaeree Bhagath Bhanddaar Jee Bharae Baeanth Baeanthaa ||	Devotion to You, devotion to You, is a treasure, overflowing, infinite and endless.	ਹੇ ਪ੍ਰਭੂ! ਤੇਰੀ ਭਗਤੀ ਦੇ ਬੇਅੰਤ ਖ਼ਜ਼ਾਨੇ ਭਰੇ ਪਏ ਹਨ।
15939	348	ਤੇਰੇ ਭਗਤ ਤੇਰੇ ਭਗਤ ਸਲਾਹਨਿ ਤੁਧੁ ਜੀ ਹਰਿ ਅਨਿਕ ਅਨੇਕ ਅਨੰਤਾ॥		Thaerae Bhagath Thaerae Bhagath Salaahan Thudhh Jee Har Anik Anaek Ananthaa ||	Your devotees, Your devotees praise You, O Dear Lord, in many and various ways.	ਹੇ ਹਰੀ! ਅਨੇਕਾਂ ਤੇ ਬੇਅੰਤ ਤੇਰੇ ਭਗਤ ਤੇਰੀ ਸਿਫ਼ਤਿ-ਸਾਲਾਹ ਕਰਦੇ ਹਨ।

15940	348	ਤੇਰੀ ਅਨਿਕ ਤੇਰੀ ਅਨਿਕ ਕਰਹਿ ਹਰਿ ਪੂਜਾ ਜੀ ਤਪੁ ਤਾਪਹਿ ਜਪਹਿ ਬੇਅੰਤਾ॥		Thaeree Anik Thaeree Anik Karehi Har Poojaa Jee Thap Thaapehi Japehi Baeanthaa ||	For You, so many, for You, so very many, O Dear Lord, perform worship and adoration; they practice penance and endlessly chant in meditation.	ਹੇ ਪ੍ਰਭੂ! ਅਨੇਕਾਂ ਜੀਵ ਤੇਰੀ ਪੂਜਾ ਕਰਦੇ ਹਨ, ਬੇਅੰਤ ਜੀਵ (ਤੈਨੂੰ ਮਿਲਣ ਲਈ) ਤਾਪ ਸਾਧਦੇ ਹਨ।
15941	348	ਤੇਰੇ ਅਨੇਕ ਤੇਰੇ ਅਨੇਕ ਪੜਹਿ ਬਹੁ ਸਿੰਮ੍ਰਿਤਿ ਸਾਸਤ ਜੀ ਕਰਿ ਕਿਰਿਆ ਖਟੁ ਕਰਮ ਕਰੰਤਾ॥	ਸਿੰਮ੍ਰਿਤਿ	Thaerae Anaek Thaerae Anaek Parrehi Bahu Sinmrith Saasath Jee Kar Kiriaa Khatt Karam Karanthaa ||	For You, many - for You, so very many read the various Simritees and Shaastras; they perform religious rituals and the six ceremonies.	ਤੇਰੇ ਅਨੇਕਾਂ (ਸੇਵਕ) ਕਈ ਸਿਮ੍ਰਿਤੀਆਂ ਤੇ ਸ਼ਾਸਤ੍ਰ ਪੜ੍ਹਦੇ ਹਨ, (ਤੇ ਉਹਨਾਂ ਦੇ ਦੱਸੇ ਹੋਏ) ਛੇ ਧਾਰਮਿਕ ਕੰਮ ਤੇ ਹੋਰ ਕਰਮ ਕਰਦੇ ਹਨ।
15942	348	ਸੇ ਭਗਤ ਸੇ ਭਗਤ ਭਲੇ ਜਨ ਨਾਨਕ ਜੀ ਜੋ ਭਾਵਹਿ ਮੇਰੇ ਹਰਿ ਭਗਵੰਤਾ॥੪॥		Sae Bhagath Sae Bhagath Bhalae Jan Naanak Jee Jo Bhaavehi Maerae Har Bhagavanthaa ||4||	Those devotees, those devotees are good, O servant Nanak, who are pleasing to my Lord God. ||4||	ਹੇ ਦਾਸ ਨਾਨਕ! ਉਹ ਭਗਤ ਭਲੇ ਹਨ (ਭਾਵ ਉਹਨਾਂ ਦੀ ਘਾਲ ਥਾਂਇ ਪਈ ਜਾਣੇ) ਜੋ ਪਿਆਰੇ ਹਰਿ-ਭਗਵੰਤ ਨੂੰ ਪਿਆਰੇ ਲੱਗਦੇ ਹਨ ॥੪॥

15943	348	ਤੂੰ ਆਦਿ ਪੁਰਖੁ ਅਪਰੰਪਰੁ ਕਰਤਾ ਜੀ ਤੁਧੁ ਜੇਵਡੁ ਅਵਰੁ ਨ ਕੋਈ॥	(ਅਪ-ਰੰਪਰੁ) ਬੇਅੰਤ	Thoon Aadh Purakh Aparanpar Karathaa Jee Thudhh Jaevadd Avar N Koee ||	You are the Primal Being, the Unrivalled Creator Lord; there is no other as Great as You.	ਹੇ ਪ੍ਰਭੂ! ਤੂੰ ਸਭ ਦਾ ਮੂਲ ਹੈਂ, ਸਭ ਵਿਚ ਵਿਆਪਕ ਹੈਂ, ਬੇਅੰਤ ਹੈਂ, ਸਭ ਦਾ ਪੈਦਾ ਕਰਨ ਵਾਲਾ ਹੈਂ, ਤੇਰੇ ਬਰਾਬਰ ਦਾ ਹੋਰ ਕੋਈ ਨਹੀਂ ਹੈ।
15944	348	ਤੂੰ ਜੁਗੁ ਜੁਗੁ ਏਕੋ ਸਦਾ ਸਦਾ ਤੂੰ ਏਕੋ ਜੀ ਤੂੰ ਨਿਹਚਲੁ ਕਰਤਾ ਸੋਈ॥		Thoon Jug Jug Eaeko Sadhaa Sadhaa Thoon Eaeko Jee Thoon Nihachal Karathaa Soee ||	You are the One, age after age; forever and ever, You are One and the same. You are the Eternal, Unchanging Creator.	ਤੂੰ ਹਰੇਕ ਜੁਗ ਵਿਚ ਆਪ ਹੀ ਹੈਂ, ਤੂੰ ਸਦਾ ਹੀ ਇਕ ਆਪ ਹੀ ਹੈਂ, ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਸਭ ਦਾ ਪੈਦਾ ਕਰਨ ਵਾਲਾ ਹੈਂ ਤੇ ਸਭ ਦੀ ਸਾਰ ਲੈਣ ਵਾਲਾ ਹੈਂ।
15945	348	ਤੁਧੁ ਆਪੇ ਭਾਵੈ ਸੋਈ ਵਰਤੈ ਜੀ ਤੂੰ ਆਪੇ ਕਰਹਿ ਸੁ ਹੋਈ॥		Thudhh Aapae Bhaavai Soee Varathai Jee Thoon Aapae Karehi S Hoee ||	Whatever pleases You comes to pass. Whatever You Yourself do, happens.	ਜਗਤ ਵਿਚ ਉਹੀ ਕੁਝ ਹੁੰਦਾ ਹੈ ਜੋ ਤੈਨੂੰ ਆਪ ਨੂੰ ਪਸੰਦ ਹੈ, ਉਹੀ ਹੁੰਦਾ ਹੈ ਜੋ ਤੂੰ ਆਪ ਹੀ ਕਰਦਾ ਹੈਂ।
15946	348	ਤੁਧੁ ਆਪੇ ਸ੍ਰਿਸਟਿ ਸਭ ਉਪਾਈ ਜੀ ਤੁਧੁ ਆਪੇ ਸਿਰਜਿ ਸਭ ਗੋਈ॥		Thudhh Aapae Srisatt Sabh Oupaaee Jee Thudhh Aapae Siraj Sabh Goee ||	You Yourself created the entire Universe, and having done so, You Yourself shall destroy it all.	(ਹੇ ਪ੍ਰਭੂ!) ਸਾਰੀ ਸ੍ਰਿਸ਼ਟੀ ਤੂੰ ਆਪ ਹੀ ਪੈਦਾ ਕੀਤੀ ਹੈ, ਤੂੰ ਆਪ ਹੀ ਪੈਦਾ ਕਰ ਕੇ ਆਪ ਹੀ ਨਾਸ ਕਰਦਾ ਹੈਂ।

15947	348	ਜਨੁ ਨਾਨਕੁ ਗੁਣ ਗਾਵੈ ਕਰਤੇ ਕੇ ਜੀ ਜੋ ਸਭਸੈ ਕਾ ਜਾਣੋਈ॥੫॥੨॥		Jan Naanak Gun Gaavai Karathae Kae Jee Jo Sabhasai Kaa Jaanoee ||5||2||	Servant Nanak sings the Glorious Praises of the Creator, the Knower of all. ||5||2||	ਦਾਸ ਨਾਨਕ ਉਸ ਕਰਤਾਰ ਦੇ ਗੁਣ ਗਾਂਦਾ ਹੈ, ਜੋ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ ॥੫॥੨॥
15948	348	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
15949	348	ਰਾਗੁ ਆਸਾ ਮਹਲਾ ੧ ਚਉਪਦੇ ਘਰੁ ੨॥		Raag Aasaa Mehalaa 1 Choupadhae Ghar 2 ||	Raag Aasaa, First Mehl, Chaupaday, Second House:	ਰਾਗ ਆਸਾ, ਘਰ ੨ ਵਿੱਚ ਗੁਰੂ ਨਾਨਕਦੇਵ ਜੀ ਦੀ ਚਾਰ-ਪਦਿਆਂ ਵਾਲੀ ਬਾਣੀ।
15950	348	ਸੁਣਿ ਵਡਾ ਆਖੈ ਸਭ ਕੋਈ॥		Sun Vaddaa Aakhai Sabh Koee ||	Hearing, everyone calls You Great,	ਹਰੇਕ ਜੀਵ (ਹੋਰਨਾਂ ਪਾਸੋਂ ਸਿਰਫ਼) ਸੁਣ ਕੇ (ਕੀ) ਆਖ ਦੇਂਦਾ ਹੈ ਕਿ (ਹੇ ਪ੍ਰਭੂ!) ਤੂੰ ਵੱਡਾ ਹੈਂ।
15951	348	ਕੇਵਡੁ ਵਡਾ ਡੀਠਾ ਹੋਈ॥		Kaevadd Vaddaa Ddeethaa Hoee ||	But only one who has seen You, knows just how Great You are.	ਪਰ ਤੂੰ ਕੇਡਾ ਵੱਡਾ ਹੈਂ ਇਹ ਗੱਲ ਤੈਨੂੰ ਵੇਖਿਆਂ ਹੀ ਦੱਸੀ ਜਾ ਸਕਦੀ ਹੈ।
15952	349	ਕੀਮਤਿ ਪਾਇ ਨ ਕਹਿਆ ਜਾਇ॥		Keemath Paae N Kehiaa Jaae ||	No one can measure Your Worth, or describe You.	ਤੇਰੇ ਵਡੱਪਣ ਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ, (ਇਹ) ਨਹੀਂ ਦੱਸਿਆ ਜਾ ਸਕਦਾ (ਕਿ ਤੂੰ ਕੇਡਾ ਵੱਡਾ ਹੈਂ)
15953	349	ਕਹਣੈ ਵਾਲੇ ਤੇਰੇ ਰਹੇ ਸਮਾਇ॥੧॥		Kehanai Vaalae Thaerae Rehae Samaae ||1||	Those who describe You, remain absorbed in You. ||1||	ਤੇਰੀ ਵਡਿਆਈ ਆਖਣ ਵਾਲੇ (ਆਪਾ ਭੁੱਲ ਕੇ) ਤੇਰੇ ਵਿਚ (ਹੀ) ਲੀਨ ਹੋ ਜਾਂਦੇ ਹਨ ॥੧॥

15954	349	ਵਡੇ ਮੇਰੇ ਸਾਹਿਬਾ ਗਹਿਰ ਗੰਭੀਰਾ ਗੁਣੀ ਗਹੀਰਾ॥	(ਗਹੀਰਾ) ਸਮੁੰਦ੍ਰ	Vaddae Maerae Saahibaa Gehir Ganbheeraa Gunee Geheeraa ||	O my Great Lord and Master of Unfathomable Depth, You are the Ocean of Excellence.	ਹੇ ਮੇਰੇ ਵੱਡੇ ਮਾਲਕ! ਤੂੰ (ਮਾਨੋ, ਇਕ) ਡੂੰਘਾ (ਸਮੁੰਦਰ) ਹੈਂ, ਤੂੰ ਬੜੇ ਜਿਗਰੇ ਵਾਲਾ ਹੈਂ, ਤੇ ਬੇਅੰਤ ਗੁਣਾਂ ਵਾਲਾ ਹੈਂ।
15955	349	ਕੋਈ ਨ ਜਾਣੈ ਤੇਰਾ ਕੇਤਾ ਕੇਵਡੁ ਚੀਰਾ॥੧॥ਰਹਾਉ॥		Koee N Jaanai Thaeraa Kaethaa Kaevadd Cheeraa ||1|| Rehaao ||	No one knows the greatness of Your expanse. ||1||Pause||	ਕੋਈ ਭੀ ਜੀਵ ਨਹੀਂ ਜਾਣਦਾ ਕਿ ਤੇਰਾ ਕਿਤਨਾ ਵੱਡਾ ਵਿਸਥਾਰ ਹੈ ॥੧॥ ਰਹਾਉ ॥
15956	349	ਸਭਿ ਸੁਰਤੀ ਮਿਲਿ ਸੁਰਤਿ ਕਮਾਈ॥	ਸੁਰਤੀ ਜੋੜਨ ਵਾਲਿਆਂ ਨੇ (ਸੁਰਤਿ) ਪ੍ਰੀਤੀ	Sabh Surathee Mil Surath Kamaaee ||	All the contemplators met together and practiced contemplation;	(ਤੂੰ ਕੇਡਾ ਵੱਡਾ ਹੈਂ-ਇਹ ਗੱਲ ਲੱਭਣ ਵਾਸਤੇ) ਸਮਾਧੀਆਂ ਲਾਣ ਵਾਲੇ ਕਈ ਵੱਡੇ ਪ੍ਰਸਿੱਧ ਜੋਗੀਆਂ ਨੇ ਧਿਆਨ ਜੋੜਨ ਦੇ ਯਤਨ ਕੀਤੇ, ਮੁੜ ਮੁੜ ਜਤਨ ਕੀਤੇ;
15957	349	ਸਭ ਕੀਮਤਿ ਮਿਲਿ ਕੀਮਤਿ ਪਾਈ॥		Sabh Keemath Mil Keemath Paaee ||	All the appraisers met together and tried to appraise You.	ਤੇਰੇ ਬਰਾਬਰ ਦੀ ਕੋਈ ਹਸਤੀ ਲੱਭਣ ਦੀ ਕੋਸ਼ਿਸ਼ ਕੀਤੀ,
15958	349	ਗਿਆਨੀ ਧਿਆਨੀ ਗੁਰ ਗੁਰਹਾਈ॥	(ਗੁਰਹਾਈ) ਵੱਡੇ ਗੁਰੂ	Giaanee Dhhiaanee Gur Gur Haaee ||	The theologians, the meditators and the teachers of teachers	ਵੱਡੇ ਵੱਡੇ ਪ੍ਰਸਿੱਧ (ਸ਼ਾਸਤ੍ਰ-ਵੇਤਾ) ਵਿਚਾਰਵਾਨਾਂ ਆਪੇ ਵਿਚ ਇਕ ਦੂਜੇ ਦੀ ਸਹਾਇਤਾ ਲੈ ਕੇ ਕੋਸ਼ਿਸ਼ ਕੀਤੀ,

15959	349	ਕਹਣੁ ਨ ਜਾਈ ਤੇਰੀ ਤਿਲੁ ਵਡਿਆਈ॥੨॥		Kehan N Jaaee Thaeree Thil Vaddiaaee ||2||	Could not express even an iota of Your Greatness. ||2||	ਪਰ ਤੇਰੀ ਵਡਿਆਈ ਦਾ ਇਕ ਤਿਲ ਜਿਤਨਾ ਹਿੱਸਾ ਭੀ ਨਹੀਂ ਦੱਸ ਸਕੇ {ਗੁਰ ਗੁਰਹਾਈ ਧਿਆਨੀ ਸਭਿ ਮਿਲਿ ਸੁਰਤਿ ਕਮਾਈ, ਸੁਰਤਿ ਕਮਾਈ, ਗੁਰਗੁਰਹਾਈ ਗਿਆਨੀ ਸਭ ਮਿਲਿ ਕੀਮਤਿ ਪਾਈ ਕੀਮਤਿ ਪਾਈ} ॥੨॥
15960	349	ਸਭਿ ਸਤ ਸਭਿ ਤਪ ਸਭਿ ਚੰਗਿਆਈਆ॥		Sabh Sath Sabh Thap Sabh Changiaaeeaa ||	All Truth, all austerities, all goodness,	(ਵਿਚਾਰਵਾਨ ਕੀਹ ਤੇ ਸਿਧ ਜੋਗੀ ਕੀਹ? ਤੇਰੀ ਵਡਿਆਈ ਦਾ ਅੰਦਾਜ਼ਾ ਤਾਂ ਕੋਈ ਨਹੀਂ ਲਾ ਸਕਿਆ; ਪਰ ਵਿਚਾਰਵਾਨਾਂ ਦੇ) ਸਾਰੇ ਭਲੇ ਕੰਮ, ਸਾਰੇ ਤਪ ਤੇ ਸਾਰੇ ਚੰਗੇ ਗੁਣ,
15961	349	ਸਿਧਾ ਪੁਰਖਾ ਕੀਆ ਵਡਿਆਈਆਂ॥		Sidhhaa Purakhaa Keeaa Vaddiaaeeaaan ||	And the greatness of the Siddhas, the beings of perfect spiritual powers	ਸਿੱਧ ਲੋਕਾਂ ਦੀਆਂ (ਰਿੱਧੀਆਂ ਸਿੱਧੀਆਂ ਆਦਿਕ) ਵੱਡੇ ਵੱਡੇ ਕੰਮ-
15962	349	ਤੁਧੁ ਵਿਣੁ ਸਿਧੀ ਕਿਨੈ ਨ ਪਾਈਆ॥		Thudhh Vin Sidhhee Kinai N Paaeeaa ||	Without You, none has attained such spiritual powers.	ਕਿਸੇ ਨੂੰ ਭੀ ਇਹ ਕਾਮਯਾਬੀ ਤੇਰੀ ਸਹਾਇਤਾ ਤੋਂ ਬਿਨਾ ਹਾਸਲ ਨਹੀਂ ਹੋਈ।

15963	349	ਕਰਮਿ ਮਿਲੈ ਨਾਹੀ ਠਾਕਿ ਰਹਾਈਆ॥੩॥	(ਠਾਕਿ) ਰੋਕ ਕੇ	Karam Milai Naahee Thaak Rehaaeeaa ||3||	They are obtained by Your Grace; their flow cannot be blocked. ||3||	(ਜਿਸ ਕਿਸੇ ਨੂੰ ਸਫਲਤਾ ਪ੍ਰਾਪਤ ਹੋਈ ਹੈ) ਤੇਰੀ ਮਿਹਰ ਨਾਲ ਪ੍ਰਾਪਤ ਹੋਈ ਹੈ, ਤੇ ਕੋਈ ਹੋਰ (ਵਿਅਕਤੀ) ਇਸ ਪ੍ਰਾਪਤੀ ਦੇ ਰਾਹ ਵਿਚ ਰੋਕ ਨਹੀਂ ਪਾ ਸਕਿਆ ॥੩॥
15964	349	ਆਖਣ ਵਾਲਾ ਕਿਆ ਬੇਚਾਰਾ॥		Aakhan Vaalaa Kiaa Baechaaraa ||	What can the helpless speaker do?	(ਹੇ ਪ੍ਰਭੂ!) ਜੀਵ ਦੀ ਕੀਹ ਪਾਂਇਆਂ ਹੈ ਕਿ ਇਹਨਾਂ ਗੁਣਾਂ ਨੂੰ ਬਿਆਨ ਕਰ ਸਕੇ?
15965	349	ਸਿਫਤੀ ਭਰੇ ਤੇਰੇ ਭੰਡਾਰਾ॥		Sifathee Bharae Thaerae Bhanddaaraa ||	Your bounties are overflowing with Your Praises.	ਤੇਰੇ ਗੁਣਾਂ ਦੇ (ਮਾਨੋ) ਖ਼ਜ਼ਾਨੇ ਭਰੇ ਪਏ ਹਨ।
15966	349	ਜਿਸੁ ਤੂੰ ਦੇਹਿ ਤਿਸੈ ਕਿਆ ਚਾਰਾ॥	(ਚਾਰਾ) ਜ਼ੋਰ	Jis Thoon Dhaehi Thisai Kiaa Chaaraa ||	And the one, unto whom You give - why should he think of any other?	ਜਿਸ ਨੂੰ ਤੂੰ ਸਿਫ਼ਤਿ-ਸਾਲਾਹ ਕਰਨ ਦੀ ਦਾਤਿ ਬਖ਼ਸ਼ਦਾ ਹੈਂ, ਉਸ ਦੇ ਰਾਹ ਵਿਚ ਰੁਕਾਵਟ ਪਾਣ ਲਈ ਕਿਸੇ ਦਾ ਜ਼ੋਰ ਨਹੀਂ ਚੱਲ ਸਕਦਾ,
15967	349	ਨਾਨਕ ਸਚੁ ਸਵਾਰਣਹਾਰਾ॥੪॥੧॥		Naanak Sach Savaaranehaaraa ||4||1||	O Nanak, the True Lord is the Embellisher. ||4||1||	ਕਿਉਂਕਿ, ਹੇ ਨਾਨਕ! (ਆਖ-ਤੂੰ) ਸਦਾ ਕਾਇਮ ਰਹਿਣ ਵਾਲਾ ਪ੍ਰਭੂ ਉਸ (ਭਾਗਾਂ ਵਾਲੇ) ਨੂੰ ਸਵਾਰਨ ਵਾਲਾ ਆਪ ਹੈਂ ॥੪॥੧॥
15968	349	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	

15969	349	ਆਖਾ ਜੀਵਾ ਵਿਸਰੈ ਮਰਿ ਜਾਉ॥		Aakhaa Jeevaa Visarai Mar Jaao ||	Chanting the Name, I live; forgetting it, I die.	ਜਿਉਂ ਜਿਉਂ ਮੈਂ ਪ੍ਰਭੂ ਦਾ ਨਾਮ ਉਚਾਰਦਾ ਹਾਂ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ। ਜਦੋਂ ਮੈਨੂੰ ਨਾਮ ਭੁੱਲ ਜਾਂਦਾ ਹੈ, ਮੇਰੀ ਆਤਮਕ ਮੌਤ ਹੋਣ ਲੱਗ ਪੈਂਦੀ ਹੈ।
15970	349	ਆਖਣਿ ਅਉਖਾ ਸਾਚਾ ਨਾਉ॥		Aakhan Aoukhaa Saachaa Naao ||	It is so difficult to chant the True Name.	(ਇਹ ਪਤਾ ਹੁੰਦਿਆਂ ਭੀ ਪ੍ਰਭੂ ਦਾ) ਸਦਾ-ਥਿਰ ਨਾਮ ਸਿਮਰਨਾ (ਇਕ) ਔਖਾ ਕੰਮ ਹੈ।
15971	349	ਸਾਚੇ ਨਾਮ ਕੀ ਲਾਗੈ ਭੂਖ॥		Saachae Naam Kee Laagai Bhookh ||	If someone feels hunger for the True Name,	(ਜਿਸ ਮਨੁੱਖ ਦੇ ਅੰਦਰ) ਪ੍ਰਭੂ ਦਾ ਸਦਾ-ਥਿਰ ਨਾਮ ਸਿਮਰਨ ਦੀ ਭੁੱਖ ਪੈਦਾ ਹੁੰਦੀ ਹੈ,
15972	349	ਤਿਤੁ ਭੂਖੈ ਖਾਇ ਚਲੀਅਹਿ ਦੂਖ॥੧॥	ਚੱਲੀ–ਅਹਿ	Thith Bhookhai Khaae Chaleeahi Dhookh ||1||	Then that hunger shall consume his pains. ||1||	ਇਸ ਭੁੱਖ ਦੀ ਬਰਕਤਿ ਨਾਲ (ਨਾਮ-ਭੋਜਨ) ਖਾ ਕੇ ਉਸ ਦੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ ॥੧॥
15973	349	ਸੋ ਕਿਉ ਵਿਸਰੈ ਮੇਰੀ ਮਾਇ॥		So Kio Visarai Maeree Maae ||	So how could I ever forget Him, O my Mother?	ਹੇ ਮੇਰੀ ਮਾਂ! (ਅਰਦਾਸ ਕਰ ਕਿ) ਉਹ ਪ੍ਰਭੂ ਮੈਨੂੰ ਕਦੇ ਨ ਭੁੱਲੇ।
15974	349	ਸਾਚਾ ਸਾਹਿਬੁ ਸਾਚੈ ਨਾਇ॥੧॥ਰਹਾਉ॥		Saachaa Saahib Saachai Naae ||1|| Rehaao ||	True is the Master, and True is His Name. ||1||Pause||	ਜਿਉਂ ਜਿਉਂ ਉਸ ਸਦਾ-ਥਿਰ ਰਹਿਣ ਵਾਲੇ ਦਾ ਨਾਮ ਸਿਮਰੀਏ, ਤਿਉਂ ਤਿਉਂ ਉਹ ਸਦਾ-ਥਿਰ ਰਹਿਣ ਵਾਲਾ ਮਾਲਕ (ਮਨ ਵਿਚ ਵੱਸਦਾ ਹੈ) ॥੧॥ ਰਹਾਉ ॥

15975	349	ਸਾਚੇ ਨਾਮ ਕੀ ਤਿਲੁ ਵਡਿਆਈ॥		Saachae Naam Kee Thil Vaddiaaee ||	People have grown weary of trying to appraise the greatness of the True Name,	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਦੀ ਰਤਾ ਜਿਤਨੀ ਭੀ ਮਹਿਮਾ
15976	349	ਆਖਿ ਥਕੇ ਕੀਮਤਿ ਨਹੀ ਪਾਈ॥	ਥੱਕੇ	Aakh Thhakae Keemath Nehee Paaee ||	But they have not been able to appraise even an iota of it.	(ਸਾਰੇ ਜੀਵ) ਬਿਆਨ ਕਰ ਕੇ ਥੱਕ ਗਏ ਹਨ (ਬਿਆਨ ਨਹੀਂ ਕਰ ਸਕਦੇ)। ਕੋਈ ਭੀ ਨਹੀਂ ਦੱਸ ਸਕਿਆ ਕਿ ਉਸ ਦੇ ਬਰਾਬਰ ਦੀ ਕੇਹੜੀ ਹੋਰ ਹਸਤੀ ਹੈ।
15977	349	ਜੇ ਸਭਿ ਮਿਲਿ ਕੈ ਆਖਣ ਪਾਹਿ॥		Jae Sabh Mil Kai Aakhan Paahi ||	Even if they were all to meet together and recount them,	ਜੇ (ਜਗਤ ਦੇ) ਸਾਰੇ ਹੀ ਜੀਵ ਰਲ ਕੇ (ਪਰਮਾਤਮਾ ਦੀ ਮਹਿਮਾ) ਬਿਆਨ ਕਰਨ ਦਾ ਜਤਨ ਕਰਨ,
15978	349	ਵਡਾ ਨ ਹੋਵੈ ਘਾਟਿ ਨ ਜਾਇ॥੨॥		Vaddaa N Hovai Ghaatt N Jaae ||2||	You would not be made any greater or lesser. ||2||	ਤਾਂ ਉਹ ਪਰਮਾਤਮਾ (ਆਪਣੇ ਅਸਲੇ ਨਾਲੋਂ) ਵੱਡਾ ਨਹੀਂ ਹੋ ਜਾਂਦਾ (ਤੇ ਜੇ ਕੋਈ ਭੀ ਉਸ ਦੀ ਵਡਿਆਈ ਨਾਹ ਕਰੇ) ਤਾਂ ਉਹ (ਅੱਗੇ ਨਾਲੋਂ) ਘਟ ਨਹੀਂ ਜਾਂਦਾ ॥੨॥
15979	349	ਨਾ ਓਹੁ ਮਰੈ ਨ ਹੋਵੈ ਸੋਗੁ॥		Naa Ouhu Marai N Hovai Sog ||	He does not die - there is no reason to mourn.	ਉਹ ਪਰਮਾਤਮਾ ਕਦੇ ਮਰਦਾ ਨਹੀਂ, ਨਾਹ ਹੀ (ਉਸ ਦੀ ਖ਼ਾਤਰ) ਸੋਗ ਹੁੰਦਾ ਹੈ।

15980	349	ਦੇਂਦਾ ਰਹੈ ਨ ਚੂਕੈ ਭੋਗੁ॥		Dhaenadhaa Rehai N Chookai Bhog ||	He continues to give, but His Provisions are never exhausted.	ਉਹ ਪ੍ਰਭੂ ਸਦਾ (ਜੀਵਾਂ ਨੂੰ ਰਿਜ਼ਕ) ਦੇਂਦਾ ਹੈ, ਉਸ ਦੀਆਂ ਦਿੱਤੀਆਂ ਦਾਤਾਂ ਦਾ ਵਰਤਣਾ ਕਦੇ ਮੁੱਕਦਾ ਨਹੀਂ (ਭਾਵ, ਜੀਵ ਉਸ ਦੀਆਂ ਦਿੱਤੀਆਂ ਦਾਤਾਂ ਸਦਾ ਵਰਤਦੇ ਹਨ ਪਰ ਉਹ ਮੁੱਕਦੀਆਂ ਨਹੀਂ)।
15981	349	ਗੁਣੁ ਏਹੋ ਹੋਰੁ ਨਾਹੀ ਕੋਇ॥		Gun Eaeho Hor Naahee Koe ||	This Glorious Virtue is His alone - no one else is like Him;	ਉਸ ਪ੍ਰਭੂ ਦੀ ਵੱਡੀ ਖ਼ੂਬੀ ਇਹ ਹੈ ਕਿ ਕੋਈ ਹੋਰ ਉਸ ਵਰਗਾ ਨਹੀਂ ਹੈ।
15982	349	ਨਾ ਕੋ ਹੋਆ ਨਾ ਕੋ ਹੋਇ॥੩॥		Naa Ko Hoaa Naa Ko Hoe ||3||	There has never been anyone like Him, and there never shall be. ||3||	(ਉਸ ਵਰਗਾ ਅਜੇ ਤਕ) ਨਾਹ ਕੋਈ ਹੋਇਆ ਹੈ, ਨਾਹ ਕਦੇ ਹੋਵੇਗਾ ॥੩॥
15983	349	ਜੇਵਡੁ ਆਪਿ ਤੇਵਡ ਤੇਰੀ ਦਾਤਿ॥		Jaevadd Aap Thaevadd Thaeree Dhaath ||	As Great as You Yourself are, so Great are Your Gifts.	(ਹੇ ਪ੍ਰਭੂ!) ਜੇਡਾ (ਬੇਅੰਤ ਤੂੰ) ਆਪ ਹੈਂ, ਉਤਨੀ (ਬੇਅੰਤ) ਤੇਰੀ ਬਖ਼ਸ਼ਸ਼ ਹੈ,
15984	349	ਜਿਨਿ ਦਿਨੁ ਕਰਿ ਕੈ ਕੀਤੀ ਰਾਤਿ॥		Jin Dhin Kar Kai Keethee Raath ||	It is You who created day and night as well.	(ਤੂੰ ਐਸਾ ਹੈਂ) ਜਿਸ ਨੇ ਦਿਨ ਬਣਾਇਆ ਹੈ ਤੇ ਰਾਤ ਬਣਾਈ ਹੈ।
15985	349	ਖਸਮੁ ਵਿਸਾਰਹਿ ਤੇ ਕਮਜਾਤਿ॥		Khasam Visaarehi Thae Kamajaath ||	Those who forget their Lord and Master are vile and despicable.	ਉਹ ਬੰਦੇ ਭੈੜੇ ਅਸਲੇ ਵਾਲੇ (ਬਣ ਜਾਂਦੇ) ਹਨ ਜੋ ਐਸੇ ਖਸਮ-ਪ੍ਰਭੂ ਨੂੰ ਵਿਸਾਰਦੇ ਹਨ।
15986	349	ਨਾਨਕ ਨਾਵੈ ਬਾਝੁ ਸਨਾਤਿ॥੪॥੨॥	(ਸਨਾਤਿ) ਭੂਤਨੇ ਜਾਂ ਨੀਚ ਜਾਤਿ	Naanak Naavai Baajh Sanaath ||4||2||	O Nanak, without the Name, people are wretched outcasts. ||4||2||	ਹੇ ਨਾਨਕ! ਨਾਮ ਤੋਂ ਖੁੰਝੇ ਹੋਏ ਜੀਵ ਨੀਚ ਹਨ ॥੪॥੨॥

15987	349	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
15988	349	ਜੇ ਦਰਿ ਮਾਂਗਤੁ ਕੂਕ ਕਰੇ ਮਹਲੀ ਖਸਮੁ ਸੁਣੇ॥		Jae Dhar Maangath Kook Karae Mehalee Khasam Sunae ||	If a beggar cries out at the door, the Master hears it in His Mansion.	ਕੋਈ ਮੰਗਤਾ (ਭਾਵੇਂ ਕਿਸੇ ਭੀ ਜਾਤਿ ਦਾ ਹੋਵੇ) ਪ੍ਰਭੂ ਦੇ ਦਰ ਤੇ ਪੁਕਾਰ ਕਰੇ, ਤਾਂ ਉਹ ਮਹਲ ਦਾ ਮਾਲਕ ਖਸਮ-ਪ੍ਰਭੂ (ਉਸ ਦੀ ਪੁਕਾਰ) ਸੁਣ ਲੈਂਦਾ ਹੈ।
15989	349	ਭਾਵੈ ਧੀਰਕ ਭਾਵੈ ਧਕੇ ਏਕ ਵਡਾਈ ਦੇਇ॥੧॥	(ਧੀਰਕ) ਧਰਿਜ। ਧੱਕੇ ਦੇ-ਇ	Bhaavai Dhheerak Bhaavai Dhhakae Eaek Vaddaaee Dhaee ||1||	Whether He receives him or pushes him away, it is the Gift of the Lord's Greatness. ||1||	(ਫਿਰ) ਉਸ ਦੀ ਮਰਜ਼ੀ ਹੌਸਲਾ ਦੇਵੇ ਉਸ ਦੀ ਮਰਜ਼ੀ ਧੱਕਾ ਦੇ ਦੇਵੇ (ਮੰਗਤੇ ਦੀ ਅਰਦਾਸ ਸੁਣ ਲੈਣ ਵਿਚ ਹੀ) ਪ੍ਰਭੂ ਉਸ ਨੂੰ ਵਡਿਆਈ ਹੀ ਦੇ ਰਿਹਾ ਹੈ ॥੧॥
15990	349	ਜਾਣਹੁ ਜੋਤਿ ਨ ਪੂਛਹੁ ਜਾਤੀ ਆਗੈ ਜਾਤਿ ਨ ਹੇ॥੧॥ਰਹਾਉ॥		Jaanahu Joth N Pooshhahu Jaathee Aagai Jaath N Hae ||1|| Rehaao ||	Recognize the Lord's Light within all, and do not consider social class or status; there are no classes or castes in the world hereafter. ||1||Pause||	ਹੇ ਭਾਈ! ਸਭਨਾ ਵਿੱਚ ਇੱਕ ਪ੍ਰਭੂ ਦੀ ਜੋਤ ਜਾਣ ਕੇ ਕਿਸੇ ਦੀ ਜਾਤਿ ਨਾ ਪੁੱਛੋ (ਕਿਉਂਕਿ) ਅੱਗੇ (ਪਰਲੋਕ ਵਿੱਚ) ਕਿਸੇ ਦੀ ਜਾਤਿ ਨਾਲ ਨਹੀਂ ਜਾਂਦੀ ॥੧॥ ਰਹਾਉ ॥
15991	349	ਆਪਿ ਕਰਾਏ ਆਪਿ ਕਰੇਇ॥	ਕਰੇ-ਇ	Aap Karaaeae Aap Karaee ||	He Himself acts, and He Himself inspires us to act.	(ਹਰੇਕ ਜੀਵ ਦੇ ਅੰਦਰ ਵਿਆਪਕ ਹੋ ਕੇ) ਪ੍ਰਭੂ ਆਪ ਹੀ (ਪ੍ਰੇਰਨਾ ਕਰ ਕੇ ਜੀਵ ਪਾਸੋਂ ਪੁਕਾਰ) ਕਰਾਂਦਾ ਹੈ, (ਹਰੇਕ ਵਿਚ ਵਿਆਪਕ ਹੋ ਕੇ) ਆਪ ਹੀ (ਪੁਕਾਰ) ਕਰਦਾ ਹੈ,

15992	349	ਆਪਿ ਉਲਾਮੇ ਚਿਤਿ ਧਰੇਇ॥	ਧਰੇ-ਇ	Aap Oulaamhae Chith Dhharaee ||	He Himself considers our complaints.	ਆਪ ਹੀ ਪ੍ਰਭੂ (ਹਰੇਕ ਜੀਵ ਦੇ) ਗਿਲੇ ਸੁਣਦਾ ਹੈ।
15993	349	ਜਾ ਤੂੰ ਕਰਣਹਾਰੁ ਕਰਤਾਰੁ॥		Jaa Thoon Karanehaar Karathaar ||	Since You, O Creator Lord, are the Doer,	ਜਦੋਂ (ਹੇ ਪ੍ਰਭੂ! ਕਿਸੇ ਜੀਵ ਨੂੰ ਤੂੰ ਇਹ ਨਿਸਚਾ ਕਰਾ ਦੇਂਦਾ ਹੈਂ ਕਿ) ਤੂੰ ਸਿਰਜਣਹਾਰ ਸਭ ਕੁਝ ਕਰਨ ਦੇ ਸਮਰੱਥ (ਸਿਰ ਉਤੇ ਰਾਖਾ) ਹੈਂ,
15994	349	ਕਿਆ ਮੁਹਤਾਜੀ ਕਿਆ ਸੰਸਾਰੁ॥੨॥		Kiaa Muhathaajee Kiaa Sansaar ||2||	Why should I submit to the world? ||2||	ਤਾਂ ਉਸ ਨੂੰ (ਜਗਤ ਦੀ) ਕੋਈ ਮੁਥਾਜੀ ਨਹੀਂ ਰਹਿੰਦੀ, ਜਗਤ ਉਸ ਦਾ ਕੁਝ ਵਿਗਾੜ ਨਹੀਂ ਸਕਦਾ ॥੨॥
15995	349	ਆਪਿ ਉਪਾਏ ਆਪੇ ਦੇਇ॥		Aap Oupaaeae Aapae Dhaee ||	You Yourself created and You Yourself give.	ਪਰਮਾਤਮਾ ਆਪ ਹੀ ਜੀਵਾਂ ਨੂੰ ਪੈਦਾ ਕਰਦਾ ਹੈ, ਆਪ ਹੀ (ਸਭਨਾਂ ਨੂੰ ਰਿਜ਼ਕ ਆਦਿਕ) ਦੇਂਦਾ ਹੈ।
15996	349	ਆਪੇ ਦੁਰਮਤਿ ਮਨਹਿ ਕਰੇਇ॥	ਕਰੇ-ਇ। ਦੁਰ-ਮੱਤਿ	Aapae Dhuramath Manehi Karaee ||	You Yourself eliminate evil-mindedness;	ਪ੍ਰਭੂ ਆਪ ਹੀ ਜੀਵਾਂ ਨੂੰ ਭੈੜੀ ਮਤਿ ਵਲੋਂ ਵਰਜਦਾ ਹੈ।
15997	349	ਗੁਰ ਪਰਸਾਦਿ ਵਸੈ ਮਨਿ ਆਇ॥		Gur Parasaadh Vasai Man Aae ||	By Guru's Grace, You come to abide in our minds,	ਗੁਰੂ ਦੀ ਕਿਰਪਾ ਨਾਲ ਪ੍ਰਭੂ ਜਿਸ ਦੇ ਮਨ ਵਿਚ ਆ ਵੱਸਦਾ ਹੈ,
15998	349	ਦੁਖੁ ਅਨ੍ਹੇਰਾ ਵਿਚਹੁ ਜਾਇ॥੩॥		Dhukh Anhaeraa Vichahu Jaae ||3||	And then, pain and darkness are dispelled from within. ||3||	ਉਸ ਦੇ ਅੰਦਰੋਂ ਦੁਖ ਦੂਰ ਹੋ ਜਾਂਦਾ ਹੈ, ਅਗਿਆਨਤਾ ਮਿਟ ਜਾਂਦੀ ਹੈ ॥੩॥

15999	349	ਸਾਚੁ ਪਿਆਰਾ ਆਪਿ ਕਰੇਇ॥		Saach Piaaraa Aap Karaee ||	He Himself infuses love for the Truth.	ਪ੍ਰਭੂ ਆਪ ਹੀ ਜੀਵਾਂ ਦੇ ਮਨ ਵਿਚ ਆਪਣਾ ਸਿਮਰਨ ਪਿਆਰਾ ਕਰਦਾ ਹੈ (ਸਿਮਰਨ ਦਾ ਪਿਆਰ ਪੈਦਾ ਕਰਦਾ ਹੈ);
16000	349	ਅਵਰੀ ਕਉ ਸਾਚੁ ਨ ਦੇਇ॥		Avaree Ko Saach N Dhaee ||	Unto others, the Truth is not bestowed.	ਜਿਨ੍ਹਾਂ ਦੇ ਅੰਦਰ ਪਿਆਰ ਦੀ ਅਜੇ ਘਾਟ ਹੈ, ਉਹਨਾਂ ਨੂੰ ਆਪ ਹੀ ਸਿਮਰਨ ਦੀ ਦਾਤਿ ਨਹੀਂ ਦੇਂਦਾ।
16001	349	ਜੇ ਕਿਸੈ ਦੇਇ ਵਖਾਣੈ ਨਾਨਕੁ ਆਗੈ ਪੂਛ ਨ ਲੇਇ॥੪॥੩॥		Jae Kisai Dhaee Vakhaanai Naanak Aagai Pooshh N Laee ||4||3||	If He bestows it upon someone, says Nanak, then, in the world hereafter, that person is not called to account. ||4||3||	ਨਾਨਕ ਆਖਦਾ ਹੈ- ਜਿਸ ਕਿਸੇ ਨੂੰ ਸਿਮਰਨ ਦੀ ਦਾਤਿ ਪ੍ਰਭੂ ਦੇਂਦਾ ਹੈ ਉਸ ਪਾਸੋਂ ਅੱਗੇ ਕਰਮਾਂ ਦਾ ਲੇਖਾ ਨਹੀਂ ਮੰਗਦਾ (ਭਾਵ, ਉਹ ਜੀਵ ਕੋਈ ਅਜੇਹੇ ਕਰਮ ਕਰਦਾ ਹੀ ਨਹੀਂ ਜਿਨ੍ਹਾਂ ਕਰਕੇ ਕੋਈ ਤਾੜਨਾ ਹੋਵੇ) ॥੪॥੩॥
16002	349	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16003	349	ਤਾਲ ਮਦੀਰੇ ਘਟ ਕੇ ਘਾਟ॥	ਆਸਾ ਤ੍ਰਿਸਨਾ ਰੂਪ (ਤਾਲ) ਛੈਣੇ। ਰਾਗ ਦਵੈਖ ਰੂਪ (ਮਦੀਰੇ) ਘੁੰਘਰੂ।(:ਪੋਲਾ ਬੋਲੋ ਘਟ) ਹਿਰਦਾ। (ਘਾਟ) ਰਸਤੇ	Thaal Madheerae Ghatt Kae Ghaatt ||	The urges of the heart are like cymbals and ankle-bells;	(ਮਨੁੱਖ ਦੇ) ਮਨ ਦੇ ਸੰਕਲਪ ਵਿਕਲਪ (ਮਾਨੋ) ਛੈਣੇ ਤੇ ਪੈਰਾਂ ਦੇ ਘੁੰਘਰੂ ਹਨ,
16004	349	ਢੋਲਕ ਦੁਨੀਆ ਵਾਜਹਿ ਵਾਜ॥	(ਢੋਲਕ) ਢੋਲਕੀ। ਵਾਜ-ਹਿ	Dholak Dhuneeaa Vaajehi Vaaj ||	The drum of the world resounds with the beat.	ਦੁਨੀਆ ਦਾ ਮੋਹ ਢੋਲਕੀ ਹੈ- ਇਹ ਵਾਜੇ ਵੱਜ ਰਹੇ ਹਨ,

16005	349	ਨਾਰਦੁ ਨਾਚੈ ਕਲਿ ਕਾ ਭਾਉ॥	(ਨਾਰਦੁ) ਮਨ	Naaradh Naachai Kal Kaa Bhaao ||	Naarad dances to the tune of the Dark Age of Kali Yuga;	ਤੇ (ਪ੍ਰਭੂ ਦੇ ਨਾਮ ਤੋਂ ਸੁੰਞਾ) ਮਨ (ਮਾਇਆ ਦੇ ਹੱਥਾਂ ਤੇ) ਨੱਚ ਰਿਹਾ ਹੈ। (ਇਸ ਨੂੰ ਕਹੀਦਾ ਹੈ) ਕਲਿਜੁਗ ਦਾ ਪ੍ਰਭਾਵ।
16006	349	ਜਤੀ ਸਤੀ ਕਹ ਰਾਖਹਿ ਪਾਉ॥੧॥	ਰਾਖ-ਹਿ	Jathee Sathee Keh Raakhehi Paao ||1||	Where can the celibates and the men of truth place their feet? ||1||	ਜਤ ਸਤ ਨੂੰ ਸੰਸਾਰ ਵਿਚ ਕਿਤੇ ਥਾਂ ਨਹੀਂ ਰਿਹਾ ॥੧॥
16007	349	ਨਾਨਕ ਨਾਮ ਵਿਟਹੁ ਕੁਰਬਾਣੁ॥		Naanak Naam Vittahu Kurabaan ||	Nanak is a sacrifice to the Naam, the Name of the Lord.	ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਸਦਕੇ ਹੋ।
16008	349	ਅੰਧੀ ਦੁਨੀਆ ਸਾਹਿਬੁ ਜਾਣੁ॥੧॥ਰਹਾਉ॥		Andhhee Dhuneeaa Saahib Jaan ||1|| Rehaao ||	The world is blind; our Lord and Master is All-seeing. ||1||Pause||	(ਨਾਮ ਤੋਂ ਬਿਨਾ) ਦੁਨੀਆ (ਮਾਇਆ ਵਿਚ) ਅੰਨ੍ਹੀ ਹੋ ਰਹੀ ਹੈ, ਇਕ ਮਾਲਕ ਪ੍ਰਭੂ ਆਪ ਹੀ ਸੁਜਾਖਾ ਹੈ (ਉਸ ਦੀ ਸਰਨ ਪਿਆਂ ਹੀ ਜ਼ਿੰਦਗੀ ਦਾ ਸਹੀ ਰਸਤਾ ਦਿੱਸ ਸਕਦਾ ਹੈ) ॥੧॥ ਰਹਾਉ ॥
16009	349	ਗੁਰੂ ਪਾਸਹੁ ਫਿਰਿ ਚੇਲਾ ਖਾਇ॥		Guroo Paasahu Fir Chaelaa Khaae ||	The disciple feeds on the Guru;	(ਚੇਲੇ ਨੇ ਗੁਰੂ ਦੀ ਸੇਵਾ ਕਰਨੀ ਹੁੰਦੀ ਹੈ, ਹੁਣ) ਸਗੋਂ ਚੇਲਾ ਹੀ ਗੁਰੂ ਤੋਂ ਉਦਰ-ਪੂਰਨਾ ਕਰਦਾ ਹੈ,
16010	349	ਤਾਮਿ ਪਰੀਤਿ ਵਸੈ ਘਰਿ ਆਇ॥	(ਤਾਮਿ) ਇੱਛਾ, ਭੋਜਨ	Thaam Pareeth Vasai Ghar Aae ||	Out of love for bread, he comes to dwell in his home.	ਰੋਟੀ ਦੀ ਖ਼ਾਤਰ ਹੀ ਚੇਲਾ ਆ ਬਣਦਾ ਹੈ।

16011	350	ਜੇ ਸਉ ਵਰ੍ਹਿਆ ਜੀਵਣ ਖਾਣੁ॥		Jae So Varihaaa Jeevan Khaan ||	If one were to live and eat for hundreds of years,	(ਇਸ ਹਾਲਤ ਵਿਚ) ਜੇ ਸੌ ਸਾਲ ਮਨੁੱਖ ਜੀਊ ਲਏ, ਤੇ ਸੌਖਾ ਖਾਣ-ਪੀਣ ਬਣਿਆ ਰਹੇ (ਤਾਂ ਭੀ ਇਹ ਉਮਰ ਵਿਅਰਥ ਹੀ ਸਮਝੋ)।
16012	350	ਖਸਮ ਪਛਾਣੈ ਸੋ ਦਿਨੁ ਪਰਵਾਣੁ॥੨॥		Khasam Pashhaanai So Dhin Paravaan ||2||	That day alone would be auspicious, when he recognizes his Lord and Master. ||2||	(ਜ਼ਿੰਦਗੀ ਦਾ ਸਿਰਫ਼) ਉਹੀ ਦਿਨ ਭਾਗਾਂ ਵਾਲਾ ਹੈ ਜਦੋਂ ਮਨੁੱਖ ਆਪਣੇ ਮਾਲਕ-ਪ੍ਰਭੂ ਨਾਲ ਸਾਂਝ ਪਾਂਦਾ ਹੈ ॥੨॥
16013	350	ਦਰਸਨਿ ਦੇਖਿਐ ਦਇਆ ਨ ਹੋਇ॥		Dharasan Dhaekhiai Dhaeiaa N Hoe ||	Beholding the sight of the petitioner, compassion is not aroused.	ਮਨੁੱਖ ਇਕ ਦੂਜੇ ਨੂੰ ਵੇਖ ਕੇ (ਆਪਣਾ ਭਰਾ ਜਾਣ ਕੇ ਆਪੋ ਵਿਚ) ਪਿਆਰ ਦਾ ਜਜ਼ਬਾ ਨਹੀਂ ਵਰਤ ਰਹੇ। (ਕਿਉਂਕਿ ਸੰਬੰਧ ਹੀ ਮਾਇਆ ਦਾ ਬਣ ਰਿਹਾ ਹੈ),
16014	350	ਲਏ ਦਿਤੇ ਵਿਣੁ ਰਹੈ ਨ ਕੋਇ॥		Leae Dhithae Vin Rehai N Koe ||	No one lives without give and take.	ਰਿਸ਼ਵਤ ਲੈਣ ਦੇਣ ਤੋਂ ਬਿਨਾ ਨਹੀਂ ਰਹਿੰਦਾ।
16015	350	ਰਾਜਾ ਨਿਆਉ ਕਰੇ ਹਥਿ ਹੋਇ॥	ਹੱਥਿ	Raajaa Niaao Karae Hathh Hoe ||	The king administers justice only if his palm is greased.	(ਇਥੋਂ ਤਕ ਕਿ) ਰਾਜਾ ਭੀ (ਹਾਕਮ ਭੀ) ਤਦੋਂ ਹੀ ਇਨਸਾਫ਼ ਕਰਦਾ ਹੈ ਜੇ ਉਸ ਨੂੰ ਦੇਣ ਲਈ (ਸਵਾਲੀ ਦੇ) ਹੱਥ ਪੱਲੇ ਮਾਇਆ ਹੋਵੇ।
16016	350	ਕਹੈ ਖੁਦਾਇ ਨ ਮਾਨੈ ਕੋਇ॥੩॥		Kehai Khudhaae N Maanai Koe ||3||	No one is moved by the Name of God. ||3||	ਜੇ ਕੋਈ ਨਿਰਾ ਰੱਬ ਦਾ ਵਾਸਤਾ ਪਾਏ ਤਾਂ ਉਸ ਦੀ ਪੁਕਾਰ ਕੋਈ ਨਹੀਂ ਸੁਣਦਾ ॥੩॥

16017	350	ਮਾਣਸ ਮੂਰਤਿ ਨਾਨਕੁ ਨਾਮੁ॥		Maanas Moorath Naanak Naam ||	O Nanak, they are human beings in form and name only;	ਨਾਨਕ (ਆਖਦਾ ਹੈ-ਵੇਖਣ ਨੂੰ ਹੀ) ਮਨੁੱਖ ਦੀ ਸ਼ਕਲ ਹੈ, ਨਾਮ-ਮਾਤ੍ਰ ਹੀ ਮਨੁੱਖ ਹੈ,
16018	350	ਕਰਣੀ ਕੁਤਾ ਦਰਿ ਫੁਰਮਾਨੁ॥		Karanee Kuthaa Dhar Furamaan ||	By their deeds they are dogs - this is the Command of the Lord's Court.	ਪਰ ਆਚਰਨ ਵਿਚ ਮਨੁੱਖ (ਉਹ) ਕੁੱਤਾ ਹੈ ਜੋ (ਮਾਲਕ ਦੇ) ਦਰ ਤੇ (ਰੋਟੀ ਦੀ ਖ਼ਾਤਰ) ਹੁਕਮ (ਮੰਨ ਰਿਹਾ ਹੈ)।
16019	350	ਗੁਰ ਪਰਸਾਦਿ ਜਾਣੈ ਮਿਹਮਾਨੁ॥		Gur Parasaadh Jaanai Mihamaan ||	By Guru's Grace, if one sees himself as a guest in this world,	ਜੇ ਗੁਰੂ ਦੀ ਮਿਹਰ ਨਾਲ (ਸੰਸਾਰ ਵਿਚ ਆਪਣੇ ਆਪ ਨੂੰ) ਪਰਾਹੁਣਾ ਸਮਝੇ (ਤੇ ਮਾਇਆ ਨਾਲ ਇਤਨੀ ਪਕੜ ਨਾਹ ਰੱਖੇ,
16020	350	ਤਾ ਕਿਛੁ ਦਰਗਹ ਪਾਵੈ ਮਾਨੁ॥੪॥੪॥		Thaa Kishh Dharageh Paavai Maan ||4||4||	Then he gains honor in the Court of the Lord. ||4||4||	ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਤਦੋਂ ਹੀ ਕੁਝ ਇੱਜ਼ਤ-ਮਾਣ ਲੈ ਸਕਦਾ ਹੈ ॥੪॥੪॥
16021	350	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16022	350	ਜੇਤਾ ਸਬਦੁ ਸੁਰਤਿ ਧੁਨਿ ਤੇਤੀ ਜੇਤਾ ਰੂਪੁ ਕਾਇਆ ਤੇਰੀ॥		Jaethaa Sabadh Surath Dhhun Thaethee Jaethaa Roop Kaaeiaa Thaeree ||	As much as the Shabad is in the mind, so much is Your melody; as much as the form of the universe is, so much is Your body, Lord.	(ਹੇ ਪ੍ਰਭੂ!) (ਜਗਤ ਵਿਚ) ਇਹ ਜਿਤਨਾ ਬੋਲਣਾ ਤੇ ਸੁਣਨਾ ਹੈ (ਜਿਤਨੀ ਇਹ ਬੋਲਣ ਤੇ ਸੁਣਨ ਦੀ ਕ੍ਰਿਆ ਹੈ), ਇਹ ਸਾਰੀ ਤੇਰੀ ਹੀ ਜੀਵਨ-ਰੌ (ਦਾ ਸਦਕਾ) ਹੈ, ਇਹ ਜਿਤਨਾ ਦਿੱਸਦਾ ਆਕਾਰ ਹੈ, ਇਹ ਸਾਰਾ ਤੇਰਾ ਹੀ ਸਰੀਰ ਹੈ (ਤੇਰੇ ਆਪੇ ਦਾ ਵਿਸਥਾਰ ਹੈ)।

16023	350	ਤੂੰ ਆਪੇ ਰਸਨਾ ਆਪੇ ਬਸਨਾ ਅਵਰੁ ਨ ਦੂਜਾ ਕਹਉ ਮਾਈ॥੧॥	ਰਸਨਾ ਬਸਨਾ: ਪੋਲੇ ਬੋਲੋ	Thoon Aapae Rasanaa Aapae Basanaa Avar N Dhoojaa Keho Maaee ||1||	You Yourself are the tongue, and You Yourself are the nose. Do not speak of any other, O my mother. ||1||	(ਸਾਰੇ ਜੀਵਾਂ ਵਿਚ ਵਿਆਪਕ ਹੋ ਕੇ) ਤੂੰ ਆਪ ਹੀ ਰਸ ਲੈਣ ਵਾਲਾ ਹੈਂ, ਤੂੰ ਆਪ ਹੀ (ਜੀਵਾਂ ਦੀ) ਜ਼ਿੰਦਗੀ ਹੈਂ। ਹੇ ਮਾਂ! ਪਰਮਾਤਮਾ ਤੋਂ ਬਿਨਾ ਕੋਈ ਹੋਰ ਦੂਜੀ ਹਸਤੀ ਨਹੀਂ ਹੈ ਜਿਸ ਦੀ ਬਾਬਤ ਮੈਂ ਆਖ ਸਕਾਂ (ਕਿ ਇਹ ਹਸਤੀ ਪਰਮਾਤਮਾ ਦੇ ਬਰਾਬਰ ਦੀ ਹੈ) ॥੧॥
16024	350	ਸਾਹਿਬੁ ਮੇਰਾ ਏਕੋ ਹੈ॥		Saahib Maeraa Eaeko Hai ||	My Lord and Master is One;	ਹੇ ਭਾਈ! ਪਰਮਾਤਮਾ ਹੀ ਸਾਡਾ ਇਕੋ ਇਕ ਖਸਮ-ਮਾਲਕ ਹੈ,
16025	350	ਏਕੋ ਹੈ ਭਾਈ ਏਕੋ ਹੈ॥੧॥ਰਹਾਉ॥		Eaeko Hai Bhaaee Eaeko Hai ||1|| Rehaao ||	He is the One and Only; O Siblings of Destiny, He is the One alone. ||1||Pause||	ਬੱਸ! ਉਹ ਹੀ ਇਕੋ ਮਾਲਕ ਹੈ, ਉਸ ਵਰਗਾ, ਹੋਰ ਕੋਈ ਨਹੀਂ ਹੈ ॥੧॥ ਰਹਾਉ ॥
16026	350	ਆਪੇ ਮਾਰੇ ਆਪੇ ਛੋਡੈ ਆਪੇ ਲੇਵੈ ਦੇਇ॥	ਦੇ-ਇ	Aapae Maarae Aapae Shhoddai Aapae Laevai Dhaee ||	He Himself kills, and He Himself emancipates; He Himself gives and takes.	ਪ੍ਰਭੂ ਆਪ ਹੀ (ਸਭ ਜੀਵਾਂ ਨੂੰ) ਮਾਰਦਾ ਹੈ ਆਪ ਹੀ ਰੱਖਦਾ ਹੈ ਆਪ ਹੀ (ਜਿੰਦ) ਲੈ ਲੈਂਦਾ ਹੈ ਆਪ ਹੀ (ਜਿੰਦ) ਦੇਂਦਾ ਹੈ।
16027	350	ਆਪੇ ਵੇਖੈ ਆਪੇ ਵਿਗਸੈ ਆਪੇ ਨਦਰਿ ਕਰੇਇ॥੨॥	ਕਰੇ-ਇ	Aapae Vaekhai Aapae Vigasai Aapae Nadhar Karaee ||2||	He Himself beholds, and He Himself rejoices; He Himself bestows His Glance of Grace. ||2||	ਪ੍ਰਭੂ ਆਪ ਹੀ (ਸਭ ਦੀ) ਸੰਭਾਲ ਕਰਦਾ ਹੈ, ਆਪ ਹੀ (ਸੰਭਾਲ ਕਰ ਕੇ) ਖ਼ੁਸ਼ ਹੁੰਦਾ ਹੈ, ਆਪ ਹੀ (ਸਭ ਉਤੇ) ਮਿਹਰ ਦੀ ਨਜ਼ਰ ਕਰਦਾ ਹੈ ॥੨॥

16028	350	ਜੋ ਕਿਛੁ ਕਰਣਾ ਸੋ ਕਰਿ ਰਹਿਆ ਅਵਰੁ ਨ ਕਰਣਾ ਜਾਈ॥		Jo Kishh Karanaa So Kar Rehiaa Avar N Karanaa Jaaee ||	Whatever He is to do, that is what He is doing. No one else can do anything.	(ਜਗਤ ਵਿਚ) ਜੋ ਕੁਝ ਵਰਤ ਰਿਹਾ ਹੈ ਪ੍ਰਭੂ ਆਪ ਹੀ ਕਰ ਰਿਹਾ ਹੈ (ਪ੍ਰਭੂ ਤੋਂ ਆਕੀ ਹੋ ਕੇ ਕਿਸੇ ਹੋਰ ਜੀਵ ਪਾਸੋਂ) ਕੁਝ ਕੀਤਾ ਨਹੀਂ ਜਾ ਸਕਦਾ।
16029	350	ਜੈਸਾ ਵਰਤੈ ਤੈਸੋ ਕਹੀਐ ਸਭ ਤੇਰੀ ਵਡਿਆਈ॥੩॥		Jaisaa Varathai Thaiso Keheeai Sabh Thaeree Vaddiaaee ||3||	As He projects Himself, so do we describe Him; this is all Your Glorious Greatness, Lord. ||3||	ਜਿਹੋ ਜਿਹੀ ਕਾਰ ਪ੍ਰਭੂ ਕਰਦਾ ਹੈ, ਉਹੋ ਜਿਹਾ ਉਸ ਦਾ ਨਾਮ ਪੈ ਜਾਂਦਾ ਹੈ। (ਹੇ ਪ੍ਰਭੂ!) ਇਹ ਜੋ ਕੁਝ ਦਿੱਸ ਰਿਹਾ ਹੈ ਤੇਰੀ ਹੀ ਬਜ਼ੁਰਗੀ (ਦਾ ਪ੍ਰਕਾਸ਼) ਹੈ ॥੩॥
16030	350	ਕਲਿ ਕਲਵਾਲੀ ਮਾਇਆ ਮਦੁ ਮੀਠਾ ਮਨੁ ਮਤਵਾਲਾ ਪੀਵਤੁ ਰਹੈ॥	ਸ਼ਰਾਬ ਵਾਲੀ (ਕਲਵਾਲੀ) ਮੱਟੀ, ਕਲ਼ਜੁੱਗ ਦੀ ਲੜਾਈ ਵਾਲੀ ਕਿਰਿਆ ਹੀ (ਕਲਵਾਲੀ) ਮੱਟੀ ਹੈ	Kal Kalavaalee Maaeiaa Madh Meethaa Man Mathavaalaa Peevath Rehai ||	The Dark Age of Kali Yuga is the bottle of wine; Maya is the sweet wine, and the intoxicated mind continues to drink it in.	ਜਿਵੇਂ ਇਕ ਸ਼ਰਾਬ ਵੇਚਣ ਵਾਲੀ ਹੈ ਉਸ ਦੇ ਪਾਸ ਸ਼ਰਾਬ ਹੈ; ਸ਼ਰਾਬੀ ਆ ਕੇ ਨਿੱਤ ਪੀਂਦਾ ਰਹਿੰਦਾ ਹੈ ਤਿਵੇਂ ਜਗਤ ਵਿਚ ਕਲਿਜੁਗੀ ਸੁਭਾਉ ਹੈ (ਉਸ ਦੇ ਅਸਰ ਹੇਠ) ਮਾਇਆ ਮਿੱਠੀ ਲੱਗ ਰਹੀ ਹੈ, ਤੇ ਜੀਵਾਂ ਦਾ ਮਨ (ਮਾਇਆ ਵਿਚ) ਮਸਤ ਹੋ ਰਿਹਾ ਹੈ-

16031	350	ਆਪੇ ਰੂਪ ਕਰੇ ਬਹੁ ਭਾਂਤੀਂ ਨਾਨਕੁ ਬਪੁੜਾ ਏਵ ਕਹੈ॥੪॥੫॥	(ਬੱਪੁੜਾ) ਵੇਚਾਰਾ	Aapae Roop Karae Bahu Bhaantheen Naanak Bapurraa Eaev Kehai ||4||5||	He Himself assumes all sorts of forms; thus poor Nanak speaks. ||4||5||	ਇਹ ਭਾਂਤ ਭਾਂਤ ਦੇ ਰੂਪ ਭੀ ਪ੍ਰਭੂ ਆਪ ਹੀ ਬਣਾ ਰਿਹਾ ਹੈ (ਭਾਵੇਂ ਇਹ ਗੱਲ ਅਲੌਕਿਕ ਹੀ ਜਾਪਦੀ ਹੈ; ਪਰ ਉਸ ਪ੍ਰਭੂ ਨੂੰ ਹਰ ਚੰਗੇ ਮੰਦੇ ਵਿਚ ਵਿਆਪਕ ਵੇਖ ਕੇ) ਵਿਚਾਰਾ ਨਾਨਕ ਇਹੀ ਆਖ ਸਕਦਾ ਹੈ ॥੪॥੫॥
16032	350	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16033	350	ਵਾਜਾ ਮਤਿ ਪਖਾਵਜੁ ਭਾਉ॥	(ਪਖਾਵੱਜੁ) ਜੋੜੀ ਤਬਲਾ	Vaajaa Math Pakhaavaj Bhaao ||	Make your intellect your instrument, and love your tambourine;	ਜਿਸ ਮਨੁੱਖ ਨੇ ਸ੍ਰੇਸ਼ਟ ਬੁੱਧਿ ਨੂੰ ਵਾਜਾ ਬਣਾਇਆ ਹੈ, ਪ੍ਰਭੂ-ਪਿਆਰ ਨੂੰ ਜੋੜੀ ਬਣਾਇਆ ਹੈ,
16034	350	ਹੋਇ ਅਨੰਦੁ ਸਦਾ ਮਨਿ ਚਾਉ॥		Hoe Anandh Sadhaa Man Chaao ||	Thus bliss and lasting pleasure shall be produced in your mind.	(ਇਹਨਾਂ ਸਾਜਾਂ ਦੇ ਵੱਜਣ ਨਾਲ, ਸ੍ਰੇਸ਼ਟ ਬੁੱਧਿ ਤੇ ਪ੍ਰਭੂ-ਪਿਆਰ ਦੀ ਬਰਕਤਿ ਨਾਲ) ਉਸ ਦੇ ਅੰਦਰ ਸਦਾ ਆਨੰਦ ਬਣਿਆ ਰਹਿੰਦਾ ਹੈ, ਉਸ ਦੇ ਮਨ ਵਿਚ ਉਤਸ਼ਾਹ ਰਹਿੰਦਾ ਹੈ।
16035	350	ਏਹਾ ਭਗਤਿ ਏਹੋ ਤਪ ਤਾਉ॥		Eaehaa Bhagath Eaeho Thap Thaao ||	This is devotional worship, and this is the practice of penance.	ਅਸਲ ਭਗਤੀ ਇਹੀ ਹੈ, ਤੇ ਇਹੀ ਹੈ ਮਹਾਨ ਤਪ। ਇਸ ਆਤਮਕ ਆਨੰਦ ਵਿਚ ਟਿਕੇ ਰਹਿ ਕੇ ਸਦਾ ਜੀਵਨ-ਰਸਤੇ ਉਤੇ ਤੁਰੋ।

16036	350	ਇਤੁ ਰੰਗਿ ਨਾਚਹੁ ਰਖਿ ਰਖਿ ਪਾਉ॥੧॥	ਰੱਖਿ ਰੱਖਿ	Eith Rang Naachahu Rakh Rakh Paao ||1||	So dance in this love, and keep the beat with your feet. ||1||	ਬੱਸ! ਇਹ ਨਾਚ ਨੱਚੋ (ਰਾਸਾਂ ਵਿਚ ਨਾਚ ਨੱਚ ਕੇ ਉਸ ਨੂੰ ਕ੍ਰਿਸ਼ਨ-ਭਗਤੀ ਸਮਝਣਾ ਭੁਲੇਖਾ ਹੈ) ॥੧॥
16037	350	ਪੂਰੇ ਤਾਲ ਜਾਣੈ ਸਾਲਾਹ॥		Poorae Thaal Jaanai Saalaah ||	Know that the perfect beat is the Praise of the Lord;	ਜੋ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਜਾਣਦਾ ਹੈ ਉਹ (ਜੀਵਨ-ਨਾਚ ਵਿਚ) ਤਾਲ-ਸਿਰ ਨੱਚਦਾ ਹੈ (ਜੀਵਨ ਦੀਆਂ ਸਹੀ ਲੀਹਾਂ ਤੇ ਤੁਰਦਾ ਹੈ)।
16038	350	ਹੋਰੁ ਨਚਣਾ ਖੁਸੀਆ ਮਨ ਮਾਹ॥੧॥ਰਹਾਉ॥	(ਮਾਹ) ਚਾਉ	Hor Nachanaa Khuseeaa Man Maah ||1|| Rehaao ||	Other dances produce only temporary pleasure in the mind. ||1||Pause||	(ਰਾਸ ਆਦਿਕਾਂ ਵਿਚ ਕ੍ਰਿਸ਼ਨ-ਮੂਰਤੀ ਅੱਗੇ ਇਹ) ਹੋਰ ਹੋਰ ਨਾਚ ਇਹ ਨਿਰੀਆਂ ਮਨ ਦੀਆਂ ਖ਼ੁਸ਼ੀਆਂ ਹਨ, ਮਨ ਦੇ ਚਾਉ ਹਨ (ਇਹ ਭਗਤੀ ਨਹੀਂ, ਇਹ ਤਾਂ ਮਨ ਦੇ ਨਚਾਏ ਨੱਚਣਾ ਹੈ) ॥੧॥ ਰਹਾਉ ॥
16039	350	ਸਤੁ ਸੰਤੋਖੁ ਵਜਹਿ ਦੁਇ ਤਾਲ॥		Sath Santhokh Vajehi Dhue Thaal ||	Play the two cymbals of truth and contentment.	(ਖ਼ਲਕਤ ਦੀ) ਸੇਵਾ, ਸੰਤੋਖ (ਵਾਲਾ ਜੀਵਨ)-ਇਹ ਦੋਵੇਂ ਛੈਣੇ ਵੱਜਣ,
16040	350	ਪੈਰੀ ਵਾਜਾ ਸਦਾ ਨਿਹਾਲ॥	ਪੈਰੀਂ	Pairee Vaajaa Sadhaa Nihaal ||	Let your ankle bells be the lasting Vision of the Lord.	ਸਦਾ ਖਿੜੇ-ਮਿੱਥੇ ਰਹਿਣਾ-ਇਹ ਪੈਰੀਂ ਘੁੰਘਰੂ (ਵੱਜਣ);
16041	350	ਰਾਗੁ ਨਾਦੁ ਨਹੀ ਦੂਜਾ ਭਾਉ॥		Raag Naadh Nehee Dhoojaa Bhaao ||	Let your harmony and music be the elimination of duality.	(ਪ੍ਰਭੂ-ਪਿਆਰ ਤੋਂ ਬਿਨਾ) ਕੋਈ ਹੋਰ ਲਗਨ ਨ ਹੋਵੇ-ਇਹ (ਹਰ ਵੇਲੇ ਅੰਦਰ) ਰਾਗ ਤੇ ਅਲਾਪ (ਹੁੰਦਾ ਰਹੇ)।

16042	350	ਇਤੁ ਰੰਗਿ ਨਾਚਹੁ ਰਖਿ ਰਖਿ ਪਾਉ॥੨॥		Eith Rang Naachahu Rakh Rakh Paao ||2||	So dance in this love, and keep the beat with your feet. ||2||	(ਹੇ ਭਾਈ!) ਇਸ ਆਤਮਕ ਆਨੰਦ ਵਿਚ ਟਿਕੋ, ਇਸ ਜੀਵਨ-ਰਸਤੇ ਤੁਰੋ। ਬੱਸ! ਇਹ ਨਾਚ ਨੱਚੋ (ਭਾਵ, ਇਸ ਤਰ੍ਹਾਂ ਦੇ ਜੀਵਨ ਦਾ ਆਤਮਕ ਹੁਲਾਰਾ ਮਾਣੋ) ॥੨॥
16043	350	ਭਉ ਫੇਰੀ ਹੋਵੈ ਮਨ ਚੀਤਿ॥		Bho Faeree Hovai Man Cheeth ||	Let the fear of God within your heart and mind be your spinning dance,	ਨਾਚ ਦੀ ਇਹ ਭੁਆਟਣੀ ਹੋਵੇ ਕਿ ਪ੍ਰਭੂ ਦਾ ਡਰ ਅਦਬ ਮਨ-ਚਿਤ ਵਿਚ ਟਿਕਿਆ ਰਹੇ
16044	350	ਬਹਦਿਆ ਉਠਦਿਆ ਨੀਤਾ ਨੀਤਿ॥		Behadhiaa Outhadhiaa Neethaa Neeth ||	And keep up, whether sitting or standing.	ਉਠਦਿਆਂ ਬੈਠਦਿਆਂ ਸਦਾ ਹਰ ਵੇਲੇ (ਪ੍ਰਭੂ ਦਾ ਡਰ ਮਨ ਵਿਚ ਬਣਿਆ ਰਹੇ)
16045	350	ਲੇਟਣਿ ਲੇਟਿ ਜਾਣੈ ਤਨੁ ਸੁਆਹੁ॥		Laettan Laett Jaanai Than Suaahu ||	To roll around in the dust is to know that the body is only ashes.	ਆਪਣੇ ਸਰੀਰ ਨੂੰ ਮਨੁਖ ਨਾਸਵੰਤ ਸਮਝੇ-ਇਹ ਲੇਟ ਕੇ ਨਿਰਤਕਾਰੀ ਹੋਵੇ।
16046	350	ਇਤੁ ਰੰਗਿ ਨਾਚਹੁ ਰਖਿ ਰਖਿ ਪਾਉ॥੩॥		Eith Rang Naachahu Rakh Rakh Paao ||3||	So dance in this love, and keep the beat with your feet. ||3||	(ਹੇ ਭਾਈ!) ਇਸ ਆਨੰਦ ਵਿਚ ਟਿਕੇ ਰਹੋ; ਇਹ ਜੀਵਨ ਜੀਵੋ। ਬੱਸ! ਇਹ ਨਾਚ ਨੱਚੋ (ਇਹ ਆਤਮਕ ਹੁਲਾਰਾ ਮਾਣੋ) ॥੩॥
16047	350	ਸਿਖ ਸਭਾ ਦੀਖਿਆ ਕਾ ਭਾਉ॥	ਸਭਾ: ਪੋਲਾ ਬੋਲੋ	Sikh Sabhaa Dheekhiaa Kaa Bhaao ||	Keep the company of the disciples, the students who love the teachings.	ਸਤਸੰਗ ਵਿਚ ਰਹਿ ਕੇ ਗੁਰੂ ਦੇ ਉਪਦੇਸ਼ ਦਾ ਪਿਆਰ (ਆਪਣੇ ਅੰਦਰ ਪੈਦਾ ਕਰਨਾ);

16048	350	ਗੁਰਮੁਖਿ ਸੁਣਨਾ ਸਾਚਾ ਨਾਉ॥		Guramukh Sunanaa Saachaa Naao ||	As Gurmukh, listen to the True Name.	ਗੁਰੂ ਦੇ ਸਨਮੁਖ ਰਹਿ ਕੇ ਪਰਮਾਤਮਾ ਦਾ ਅਟੱਲ ਨਾਮ ਸੁਣਦੇ ਰਹਿਣਾ;
16049	350	ਨਾਨਕ ਆਖਣੁ ਵੇਰਾ ਵੇਰ॥		Naanak Aakhan Vaeraa Vaer ||	O Nanak, chant it, over and over again.	ਪਰਮਾਤਮਾ ਦਾ ਨਾਮ ਮੁੜ ਮੁੜ ਜਪਣਾ-
16050	350	ਇਤੁ ਰੰਗਿ ਨਾਚਹੁ ਰਖਿ ਰਖਿ ਪੈਰ॥੪॥੬॥		Eith Rang Naachahu Rakh Rakh Pair ||4||6||	So dance in this love, and keep the beat with your feet. ||4||6||	ਇਸ ਰੰਗ ਵਿਚ, ਹੇ ਨਾਨਕ! ਟਿਕੋ, ਇਸ ਜੀਵਨ-ਰਸਤੇ ਵਿਚ ਪੈਰ ਧਰੋ। ਬੱਸ! ਇਹ ਨਾਚ ਨੱਚੋ (ਇਹ ਜੀਵਨ-ਆਨੰਦ ਮਾਣੋ) ॥੪॥੬॥
16051	350	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16052	350	ਪਉਣੁ ਉਪਾਇ ਧਰੀ ਸਭ ਧਰਤੀ ਜਲ ਅਗਨੀ ਕਾ ਬੰਧੁ ਕੀਆ॥		Poun Oupaae Dhharee Sabh Dhharathee Jal Aganee Kaa Bandhh Keeaa ||	He created the air, and He supports the whole world; he bound water and fire together.	ਪਰਮਾਤਮਾ ਨੇ ਹਵਾ ਬਣਾਈ, ਸਾਰੀ ਧਰਤੀ ਸਾਜੀ, ਪਾਣੀ ਅੱਗ ਦਾ ਮੇਲ ਕੀਤਾ (ਭਾਵ, ਇਹ ਸਾਰੇ ਵਿਰੋਧੀ ਤੱਤ ਇਕੱਠੇ ਕਰ ਕੇ ਜਗਤ-ਰਚਨਾ ਕੀਤੀ। ਰਚਨਹਾਰ ਪ੍ਰਭੂ ਦੀ ਇਹ ਇਕ ਅਸਚਰਜ ਲੀਲਾ ਹੈ, ਜਿਸ ਤੋਂ ਦਿੱਸਦਾ ਹੈ ਕਿ ਉਹ ਬੇਅੰਤ ਵੱਡੀਆਂ ਤਾਕਤਾਂ ਵਾਲਾ ਹੈ, ਪਰ ਉਸ ਦੀ ਇਹ ਵਡਿਆਈ ਭੁੱਲ ਕੇ ਨਿਰਾ ਰਾਵਣ ਦੇ ਮਾਰਨ ਵਿਚ ਹੀ ਉਸ ਦੀ ਵਡਿਆਈ ਸਮਝਣੀ ਭੁੱਲ ਹੈ)।

16053	350	ਅੰਧੁਲੈ ਦਹਸਿਰਿ ਮੂੰਡੁ ਕਟਾਇਆ ਰਾਵਣੁ ਮਾਰਿ ਕਿਆ ਵਡਾ ਭਇਆ॥੧॥	ਕੱਟਾਇਆ	Andhhulai Dhehasir Moondd Kattaaeiaa Raavan Maar Kiaa Vaddaa Bhaeiaa ||1||	The blind, ten-headed Raavan had his heads cut off, but what greatness was obtained by killing him? ||1||	ਅਕਲ ਦੇ ਅੰਨ੍ਹੇ ਰਾਵਣ ਨੇ ਆਪਣੀ ਮੌਤ (ਮੂਰਖਪਣ ਵਿਚ) ਸਹੇੜੀ, ਪਰਮਾਤਮਾ (ਨਿਰਾ ਉਸ ਮੂਰਖ) ਰਾਵਣ ਨੂੰ ਮਾਰ ਕੇ ਹੀ ਵੱਡਾ ਨਹੀਂ ਹੋ ਗਿਆ ॥੧॥
16054	350	ਕਿਆ ਉਪਮਾ ਤੇਰੀ ਆਖੀ ਜਾਇ॥		Kiaa Oupamaa Thaeree Aakhee Jaae ||	What Glories of Yours can be chanted?	(ਹੇ ਪ੍ਰਭੂ!) ਤੇਰੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ।
16055	350	ਤੂੰ ਸਰਬੇ ਪੂਰਿ ਰਹਿਆ ਲਿਵ ਲਾਇ॥੧॥ਰਹਾਉ॥		Thoon Sarabae Poor Rehiaa Liv Laae ||1|| Rehaao ||	You are totally pervading everywhere; You love and cherish all. ||1||Pause||	ਤੂੰ ਸਭ ਜੀਵਾਂ ਵਿਚ ਵਿਆਪਕ ਹੈਂ, ਮੌਜੂਦ ਹੈਂ ॥੧॥ ਰਹਾਉ ॥
16056	350	ਜੀਅ ਉਪਾਇ ਜੁਗਤਿ ਹਥਿ ਕੀਨੀ ਕਾਲੀ ਨਥਿ ਕਿਆ ਵਡਾ ਭਇਆ॥	(ਕੱਾਲੀ) ਕਾਲੀ ਨਾਗ। ਹੱਥਿ। ਨੱਥਿ। ਵੱਡਾ। ਭ-ਇਆ	Jeea Oupaae Jugath Hathh Keenee Kaalee Nathh Kiaa Vaddaa Bhaeiaa ||	You created all beings, and You hold the world in Your Hands; what greatness is it to put a ring in the nose of the black cobra, as Krishna did?	(ਹੇ ਅਕਾਲ ਪੁਰਖ!) ਸ੍ਰਿਸ਼ਟੀ ਦੇ ਸਾਰੇ ਜੀਵ ਪੈਦਾ ਕਰ ਕੇ ਸਭਨਾਂ ਦੀ ਜੀਵਨ-ਜੁਗਤ ਤੂੰ ਆਪਣੇ ਹੱਥ ਵਿਚ ਰੱਖੀ ਹੋਈ ਹੈ, (ਸਭ ਨੂੰ ਨੱਥਿਆ ਹੋਇਆ ਹੈ) ਨਿਰਾ ਕਾਲੀ-ਨਾਗ ਨੂੰ ਨੱਥ ਕੇ ਤੂੰ ਵੱਡਾ ਨਹੀਂ ਹੋ ਗਿਆ।

16057	350	ਕਿਸੁ ਤੂੰ ਪੁਰਖੁ ਜੋਰੂ ਕਉਣ ਕਹੀਐ ਸਰਬ ਨਿਰੰਤਰਿ ਰਵਿ ਰਹਿਆ॥੨॥		Kis Thoon Purakh Joroo Koun Keheeai Sarab Niranthar Rav Rehiaa ||2||	Whose Husband are You? Who is Your wife? You are subtly diffused and pervading in all. ||2||	ਨਾਹ ਤੂੰ ਕਿਸੇ ਖ਼ਾਸ ਇਸਤ੍ਰੀ ਦਾ ਖਸਮ ਹੈਂ, ਨਾਹ ਕੋਈ ਇਸਤ੍ਰੀ ਤੇਰੀ ਵਹੁਟੀ ਹੈ, ਤੂੰ ਸਭ ਜੀਵਾਂ ਦੇ ਅੰਦਰ ਇੱਕ-ਰਸ ਮੌਜੂਦ ਹੈਂ ॥੨॥
16058	350	ਨਾਲਿ ਕੁਟੰਬੁ ਸਾਥਿ ਵਰਦਾਤਾ ਬ੍ਰਹਮਾ ਭਾਲਣ ਸ੍ਰਿਸਟਿ ਗਇਆ॥	(ਵਰਦਾਤਾ) ਵਿਸ਼ਨੂੰ ਜੀ। ਗ-ਇਆ	Naal Kuttanb Saathh Varadhaathaa Brehamaa Bhaalan Srisatt Gaeiaa ||	Brahma, the bestower of blessings, entered the stem of the lotus, with his relatives, to find the extent of the universe.	(ਕਹਿੰਦੇ ਹਨ ਕਿ ਜੇਹੜਾ) ਬ੍ਰਹਮਾ ਕੌਲ ਦੀ ਨਾਲ ਵਿਚੋਂ ਜੰਮਿਆ ਸੀ, ਵਿਸ਼ਨੂੰ ਉਸ ਦਾ ਹਮਾਇਤੀ ਸੀ, ਉਹ ਬ੍ਰਹਮਾ ਪਰਮਾਤਮਾ ਦੀ ਕੁਦਰਤ ਦਾ ਅੰਤ ਲੱਭਣ ਵਾਸਤੇ ਗਿਆ,
16059	350	ਆਗੈ ਅੰਤੁ ਨ ਪਾਇਓ ਤਾ ਕਾ ਕੰਸੁ ਛੇਦਿ ਕਿਆ ਵਡਾ ਭਇਆ॥੩॥		Aagai Anth N Paaeiou Thaa Kaa Kans Shhaedh Kiaa Vaddaa Bhaeiaa ||3||	Proceeding on, he could not find its limits; what glory was obtained by killing Kansa, the king? ||3||	(ਉਸ ਨਾਲ ਦੇ ਵਿਚ ਹੀ ਭਟਕਦਾ ਰਿਹਾ) ਪਰ ਅੰਤ ਨ ਲੱਭ ਸਕਿਆ। (ਅਕਾਲ ਪੁਰਖ ਬੇਅੰਤ ਕੁਦਰਤ ਦਾ ਮਾਲਕ ਹੈ) ਨਿਰਾ ਕੰਸ ਨੂੰ ਮਾਰ ਕੇ ਉਹ ਕਿਤਨਾ ਕੁ ਵੱਡਾ ਬਣ ਗਿਆ? (ਇਹ ਤਾਂ ਉਸ ਦੇ ਅੱਗੇ ਸਾਧਾਰਨ ਜਿਹੀ ਗੱਲ ਹੈ) ॥੩॥

16060	350	ਰਤਨ ਉਪਾਇ ਧਰੇ ਖੀਰੁ ਮਥਿਆ ਹੋਰਿ ਭਖਲਾਏ ਜਿ ਅਸੀ ਕੀਆ॥	(ਭਖਲਾਏ) ਭਟਕੇ। ਮਥਿਆ ਭਖਲਾਏ: ਪੋਲੇ ਬੋਲੋ	Rathan Oupaae Dhharae Kheer Mathhiaa Hor Bhakhalaaeae J Asee Keeaa ||	The jewels were produced and brought forth by churning the ocean of milk. The other gods proclaimed ""We are the ones who did this!""	(ਕਹਿੰਦੇ ਹਨ ਕਿ ਦੇਵਤਿਆਂ ਤੇ ਦੈਂਤਾਂ ਨੇ ਰਲ ਕੇ) ਸਮੁੰਦਰ ਰਿੜਕਿਆ ਤੇ (ਉਸ ਵਿਚੋਂ) ਚੌਦਾਂ ਰਤਨ ਕੱਢੇ, (ਵੰਡਣ ਵੇਲੇ ਉਹ ਦੋਵੇਂ ਧੜੇ) ਗੁੱਸੇ ਵਿਚ ਆ ਆ ਕੇ ਆਖਣ ਲੱਗੇ ਕਿ ਇਹ ਰਤਨ ਅਸਾਂ ਕੱਢੇ ਹਨ, ਅਸਾਂ ਕੱਢੇ ਹਨ (ਆਪਣੇ ਵਲੋਂ ਪਰਮਾਤਮਾ ਦੀ ਵਡਿਆਈ ਬਿਆਨ ਕਰਨ ਲਈ ਕਹਿੰਦੇ ਹਨ ਕਿ ਪਰਮਾਤਮਾ ਨੇ ਮੋਹਣੀ ਅਵਤਾਰ ਧਾਰ ਕੇ ਉਹ ਰਤਨ) ਇਕ ਇਕ ਕਰ ਕੇ ਵੰਡ ਦਿੱਤੇ,
16061	351	ਕਹੈ ਨਾਨਕੁ ਛਪੈ ਕਿਉ ਛਪਿਆ ਏਕੀ ਏਕੀ ਵੰਡਿ ਦੀਆ॥੪॥੭॥		Kehai Naanak Shhapai Kio Shhapiaa Eaekee Eaekee Vandd Dheeaa ||4||7||	Says Nanak, by hiding, how can the Lord be hidden? He has given each their share, one by one. ||4||7||	(ਪਰ) ਨਾਨਕ ਆਖਦਾ ਹੈ- (ਕਿ ਨਿਰੇ ਇਹ ਰਤਨ ਵੰਡਣ ਨਾਲ ਪਰਮਾਤਮਾ ਦੀ ਕੇਹੜੀ ਵਡਿਆਈ ਬਣ ਗਈ, ਉਸ ਦੀਆਂ ਵਡਿਆਈਆਂ ਤਾਂ ਉਸ ਦੀ ਰਚੀ ਕੁਦਰਤਿ ਵਿਚੋਂ ਥਾਂ ਥਾਂ ਦਿੱਸ ਰਹੀਆਂ ਹਨ) ਉਹ ਭਾਵੇਂ ਆਪਣੀ ਕੁਦਰਤਿ ਵਿਚ ਲੁਕਿਆ ਹੋਇਆ ਹੈ, ਪਰ ਲੁਕਿਆ ਰਹਿ ਨਹੀਂ ਸਕਦਾ (ਪ੍ਰਤੱਖ ਉਸ ਦੀ ਬੇਅੰਤ ਕੁਦਰਤਿ ਦੱਸ ਰਹੀ ਹੈ ਕਿ ਉਹ ਬਹੁਤ ਤਾਕਤਾਂ ਦਾ ਮਾਲਕ ਹੈ) ॥੪॥੭॥

16062	351	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16063	351	ਕਰਮ ਕਰਤੂਤਿ ਬੇਲਿ ਬਿਸਥਾਰੀ ਰਾਮ ਨਾਮੁ ਫਲੁ ਹੂਆ॥		Karam Karathooth Bael Bisathhaaree Raam Naam Fal Hooaa ||	The vine of good actions and character has spread out, and it bears the fruit of the Lord's Name.	(ਸਿਮਰਨ ਦੀ ਬਰਕਤਿ ਨਾਲ) ਉਸ ਮਨੁੱਖ ਦਾ ਉੱਚਾ ਆਚਰਨ ਬਣਦਾ ਹੈ (ਇਹ, ਮਾਨੋ, ਉੱਚੀ ਮਨੁੱਖਤਾ ਦੀ ਫੁੱਟੀ ਹੋਈ) ਖਿਲਰੀ ਹੋਈ ਵੇਲ ਹੈ, (ਇਸ ਵੇਲ ਨੂੰ) ਪਰਮਾਤਮਾ ਦਾ ਨਾਮ-ਫਲ ਲੱਗਦਾ ਹੈ (ਉਸ ਦੀ ਸੁਰਤਿ ਨਾਮ ਵਿਚ ਜੁੜੀ ਰਹਿੰਦੀ ਹੈ)
16064	351	ਤਿਸੁ ਰੂਪੁ ਨ ਰੇਖ ਅਨਾਹਦੁ ਵਾਜੈ ਸਬਦੁ ਨਿਰੰਜਨਿ ਕੀਆ॥੧॥		This Roop N Raekh Anaahadh Vaajai Sabadh Niranjan Keeaa ||1||	The Name has no form or outline; it vibrates with the unstruck Sound Current; through the Word of the Shabad, the Immaculate Lord is revealed. ||1||	ਮਾਇਆ-ਰਹਿਤ ਪ੍ਰਭੂ ਨੇ ਉਸ ਦੇ ਅੰਦਰ ਸਿਫ਼ਤਿ-ਸਾਲਾਹ ਦਾ ਇਕ ਪ੍ਰਵਾਹ ਚਲਾ ਦਿੱਤਾ ਹੁੰਦਾ ਹੈ (ਉਹ ਪ੍ਰਵਾਹ, ਮਾਨੋ, ਇਕ ਸੰਗੀਤ ਹੈ) ਜੋ ਇਕ-ਰਸ ਪ੍ਰਭਾਵ ਪਾਈ ਰੱਖਦਾ ਹੈ, ਪਰ ਉਸ ਦਾ ਕੋਈ ਰੂਪ-ਰੇਖ ਬਿਆਨ ਨਹੀਂ ਹੋ ਸਕਦਾ ॥੧॥
16065	351	ਕਰੇ ਵਖਿਆਣੁ ਜਾਣੈ ਜੇ ਕੋਈ॥		Karae Vakhiaan Jaanai Jae Koee ||	One can speak on this only when he knows it.	ਜੇ ਕੋਈ ਮਨੁੱਖ (ਸਿਮਰਨ ਦੀ ਰਾਹੀਂ) ਪਰਮਾਤਮਾ ਨਾਲ ਜਾਣ-ਪਛਾਣ ਪਾ ਲਏ ਤੇ ਉਸ ਦੀ ਸਿਫ਼ਤਿ-ਸਾਲਾਹ ਕਰਦਾ ਰਹੇ,
16066	351	ਅੰਮ੍ਰਿਤੁ ਪੀਵੈ ਸੋਈ॥੧॥ਰਹਾਉ॥		Anmrith Peevai Soee ||1|| Rehaao ||	He alone drinks in the Ambrosial Nectar. ||1||Pause||	ਤਾਂ ਉਹ ਨਾਮ-ਅੰਮ੍ਰਿਤ ਪੀਂਦਾ ਹੈ (ਸਿਮਰਨ ਤੋਂ ਪੈਦਾ ਹੋਣ ਵਾਲਾ ਆਤਮਕ ਆਨੰਦ ਮਾਣਦਾ ਹੈ) ॥੧॥ ਰਹਾਉ ॥

16067	351	ਜਿਨ੍ ਪੀਆ ਸੇ ਮਸਤ ਭਏ ਹੈ ਤੂਟੇ ਬੰਧਨ ਫਾਹੇ॥		Jinh Peeaa Sae Masath Bheae Hai Thoottae Bandhhan Faahae ||	Those who drink it in are enraptured; their bonds and shackles are cut away.	ਜਿਨ੍ਹਾਂ ਜਿਨ੍ਹਾਂ ਜੀਵਾਂ ਨੇ ਉਹ ਨਾਮ-ਰਸ ਪੀਤਾ, ਉਹ ਮਸਤ ਹੋ ਗਏ। (ਉਹਨਾਂ) ਦੇ (ਮਾਇਆ ਵਾਲੇ) ਬੰਧਨ ਤੇ ਫਾਹੇ ਟੁੱਟ ਗਏ।
16068	351	ਜੋਤੀ ਜੋਤਿ ਸਮਾਣੀ ਭੀਤਰਿ ਤਾ ਛੋਡੇ ਮਾਇਆ ਕੇ ਲਾਹੇ॥੨॥		Jothee Joth Samaanee Bheethar Thaa Shhoddae Maaeiaa Kae Laahae ||2||	When one's light blends into the Divine Light, then the desire for Maya is ended. ||2||	ਉਹਨਾਂ ਦੇ ਅੰਦਰ ਪਰਮਾਤਮਾ ਦੀ ਜੋਤਿ ਟਿਕ ਗਈ, ਉਹਨਾਂ ਨੇ ਮਾਇਆ ਦੀ ਖ਼ਾਤਰ (ਦਿਨ ਰਾਤ ਦੀ) ਦੌੜ-ਭੱਜ ਛੱਡ ਦਿੱਤੀ (ਭਾਵ, ਉਹ ਮਾਇਆ ਦੇ ਮੋਹ-ਜਾਲ ਵਿਚੋਂ ਬਚ ਗਏ) ॥੨॥
16069	351	ਸਰਬ ਜੋਤਿ ਰੂਪੁ ਤੇਰਾ ਦੇਖਿਆ ਸਗਲ ਭਵਨ ਤੇਰੀ ਮਾਇਆ॥		Sarab Joth Roop Thaeraa Dhaekhiaa Sagal Bhavan Thaeree Maaeiaa ||	Among all lights, I behold Your Form; all the worlds are Your Maya.	(ਜਿਸ ਮਨੁੱਖ ਨੇ ਸਿਮਰਨ ਦੀ ਬਰਕਤਿ ਨਾਲ ਨਾਮ-ਰਸ ਪੀਤਾ, ਉਸ ਨੇ, ਹੇ ਪ੍ਰਭੂ!) ਸਾਰੇ ਜੀਵਾਂ ਵਿਚ ਤੇਰਾ ਹੀ ਦੀਦਾਰ ਕੀਤਾ, ਉਸ ਨੇ ਸਾਰੇ ਭਵਨਾਂ ਵਿਚ ਤੇਰੀ ਪੈਦਾ ਕੀਤੀ ਮਾਇਆ ਪ੍ਰਭਾਵ ਪਾਂਦੀ ਵੇਖੀ।
16070	351	ਰਾਰੈ ਰੂਪਿ ਨਿਰਾਲਮੁ ਬੈਠਾ ਨਦਰਿ ਕਰੇ ਵਿਚਿ ਛਾਇਆ॥੩॥	(ਨਿਰਾਲਮੁ) ਨਿਰਲੇਪ	Raarai Roop Niraalam Baithaa Nadhar Karae Vich Shhaaeiaa ||3||	Among the tumults and forms, He sits in serene detachment; He bestows His Glance of Grace upon those who are engrossed in the illusion. ||3||	(ਉਹ ਮਨੁੱਖ ਵੇਖਦਾ ਹੈ ਕਿ) ਪਰਮਾਤਮਾ ਝਗੜੇ-ਰੂਪ ਸੰਸਾਰ ਵਿਚੋਂ ਨਿਰਾਲਾ ਬੈਠਾ ਹੋਇਆ ਹੈ, ਤੇ ਵਿਚੇ ਹੀ ਪ੍ਰਤਿਬਿੰਬ ਵਾਂਗ ਵਿਆਪਕ ਹੋ ਕੇ ਵੇਖ ਭੀ ਰਿਹਾ ਹੈ ॥੩॥

16071	351	ਬੀਣਾ ਸਬਦੁ ਵਜਾਵੈ ਜੋਗੀ ਦਰਸਨਿ ਰੂਪਿ ਅਪਾਰਾ॥		Beenaa Sabadh Vajaavai Jogee Dharasan Roop Apaaraa ||	The Yogi who plays on the instrument of the Shabad gains the Blessed Vision of the Infinitely Beautiful Lord.	ਉਹੀ (ਮਨੁੱਖ ਹੈ ਅਸਲ) ਜੋਗੀ ਅਪਾਰ ਪਰਮਾਤਮਾ ਦੇ ਦ੍ਰਿੱਸ਼ ਵਿਚ (ਮਸਤ ਹੋ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ-ਰੂਪ ਬੀਣਾ ਵਜਾਂਦਾ ਰਹਿੰਦਾ ਹੈ।
16072	351	ਸਬਦਿ ਅਨਾਹਦਿ ਸੋ ਸਹੁ ਰਾਤਾ ਨਾਨਕੁ ਕਹੈ ਵਿਚਾਰਾ॥੪॥੮॥		Sabadh Anaahadh So Sahu Raathaa Naanak Kehai Vichaaraa ||4||8||	He, the Lord, is immersed in the Unstruck Shabad of the Word, says Nanak, the humble and meek. ||4||8||	ਨਾਨਕ (ਆਪਣਾ ਇਹ) ਖ਼ਿਆਲ ਦੱਸਦਾ ਹੈ ਕਿ ਇਕ-ਰਸ ਸਿਫ਼ਤਿ-ਸਾਲਾਹ ਵਿਚ ਜੁੜੇ ਰਹਿਣ ਦੇ ਕਾਰਨ ਉਹ ਮਨੁੱਖ ਖਸਮ-ਪ੍ਰਭੂ ਦੇ ਰੰਗ ਵਿਚ ਰੰਗਿਆ ਰਹਿੰਦਾ ਹੈ ॥੪॥੮॥
16073	351	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16074	351	ਮੈ ਗੁਣ ਗਲਾ ਕੇ ਸਿਰਿ ਭਾਰ॥	ਮੈਂ। ਗੱਲਾਂ	Mai Gun Galaa Kae Sir Bhaar ||	My virtue is that I carry the load of my words upon my head.	(ਪਰ ਹੇ ਸਿਰਜਣਹਾਰ!) ਮੇਰੇ ਵਿਚ ਤਾਂ ਸਿਰਫ਼ ਇਹੀ ਗੁਣ ਹਨ (ਮੈਂ ਤਾਂ ਨਿਰੀ ਇਹੀ ਖੱਟੀ ਖੱਟੀ ਹੈ) ਕਿ ਮੈਂ ਆਪਣੇ ਸਿਰ ਉਤੇ (ਨਿਰੀਆਂ) ਗੱਲਾਂ ਦੇ ਭਾਰ ਬੱਧੇ ਹੋਏ ਹਨ।
16075	351	ਗਲੀ ਗਲਾ ਸਿਰਜਣਹਾਰ॥	ਗੱਲੀਂ ਗੱਲਾਂ	Galee Galaa Sirajanehaar ||	The real words are the Words of the Creator Lord.	ਗੱਲਾਂ ਵਿਚੋਂ ਸਿਰਫ਼ ਉਹ ਗੱਲਾਂ ਹੀ ਚੰਗੀਆਂ ਹਨ ਜੋ, ਹੇ ਸਿਰਜਣਹਾਰ! ਤੇਰੀਆਂ ਗੱਲਾਂ ਹਨ (ਤੇਰੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਹਨ)।

16076	351	ਖਾਣਾ ਪੀਣਾ ਹਸਣਾ ਬਾਦਿ॥	(ਬਾਦਿ) ਬਿਅਰਥ। ਹੱਸਣਾ	Khaanaa Peenaa Hasanaa Baadh ||	How useless are eating, drinking and laughing,	ਤਦ ਤਕ ਮੇਰਾ ਖਾਣਾ ਪੀਣਾ ਮੇਰਾ ਹੱਸ ਹੱਸ ਕੇ ਸਮਾਂ ਗੁਜ਼ਾਰਨਾ-ਇਹ ਸਭ ਵਿਅਰਥ ਹੈ,
16077	351	ਜਬ ਲਗੁ ਰਿਦੈ ਨ ਆਵਹਿ ਯਾਦਿ॥੧॥		Jab Lag Ridhai N Aavehi Yaadh ||1||	If the Lord is not cherished in the heart! ||1||	ਜਦ ਤਕ, ਹੇ ਸਿਰਜਣਹਾਰ! ਤੂੰ ਮੇਰੇ ਹਿਰਦੇ ਵਿਚ ਚੇਤੇ ਨਾਹ ਆਵੇਂ ॥੧॥
16078	351	ਤਉ ਪਰਵਾਹ ਕੇਹੀ ਕਿਆ ਕੀਜੈ॥		Tho Paravaah Kaehee Kiaa Keejai ||	Why should someone care for anything else,	ਤਾਂ ਕੋਈ ਪਰਵਾਹ ਨਹੀਂ ਰਹਿ ਜਾਂਦੀ, ਕਿਸੇ ਦੀ ਮੁਥਾਜੀ ਨਹੀਂ ਰਹਿੰਦੀ,
16079	351	ਜਨਮਿ ਜਨਮਿ ਕਿਛੁ ਲੀਜੀ ਲੀਜੈ॥੧॥ਰਹਾਉ॥	(ਲੀਜੀ) ਲੈਣ ਯੋਗ	Janam Janam Kishh Leejee Leejai ||1|| Rehaao ||	If throughout his life, he gathers in that which is truly worth gathering? ||1||Pause||	ਜੇ ਮਨੁੱਖਾ ਜਨਮ ਵਿਚ ਆ ਕੇ ਖੱਟਣ-ਜੋਗ ਪਦਾਰਥ ਇਕੱਠਾ ਕਰੀਏ ॥੧॥ ਰਹਾਉ ॥
16080	351	ਮਨ ਕੀ ਮਤਿ ਮਤਾਗਲੁ ਮਤਾ॥	ਮਨ ਦੀ ਹੰਗਤਾ ਵਾਲੀ ਮਤਿ ਕਰਕੇ, (ਮਤਾਗਲੁ) ਹਾਥੀ ਧਰਮ ਦਾ ਆਗੂ, ਹੰਕਾਰ ਚ (ਮੱਤਾ) ਮਸਤ ਹੋ ਰਿਹਾ ਹੈ। ਮਤਾਗਲੁ: ਪੋਲਾ ਬੋਲੋ	Man Kee Math Mathaagal Mathaa ||	The intellect of the mind is like a drunken elephant.	(ਅਸਾਂ ਖੱਟਣ-ਜੋਗ ਪਦਾਰਥ ਨਹੀਂ ਖੱਟਿਆ, ਇਸੇ ਕਰ ਕੇ) ਸਾਡੀ ਮਨ ਦੀ ਮਤਿ ਇਹ ਹੈ ਕਿ ਮਨ ਮਸਤ ਹਾਥੀ ਬਣਿਆ ਪਿਆ ਹੈ।
16081	351	ਜੋ ਕਿਛੁ ਬੋਲੀਐ ਸਭੁ ਖਤੋ ਖਤਾ॥	ਖਤੋ ਖਤਾ: ਪੋਲੇ ਬੋਲੋ	Jo Kishh Boleeai Sabh Khatho Khathaa ||	Whatever one utters is totally false, the most false of the false.	(ਇਸ ਅਹੰਕਾਰੀ ਮਨ ਦੀ ਅਗਵਾਈ ਵਿਚ) ਜੋ ਕੁਝ ਬੋਲਦੇ ਹਾਂ ਸਭ ਭੈੜ ਹੀ ਭੈੜ ਹੈ।

16082	351	ਕਿਆ ਮੁਹੁ ਲੈ ਕੀਚੈ ਅਰਦਾਸਿ॥		Kiaa Muhu Lai Keechai Aradhaas ||	So what face should we put on to offer our prayer,	(ਹੇ ਪ੍ਰਭੂ! ਤੇਰੇ ਦਰ ਤੇ) ਅਰਦਾਸ ਵੀ ਕਿਸ ਮੂੰਹ ਨਾਲ ਕਰੀਏ? (ਆਪਣੇ ਢੀਠਪੁਣੇ ਵਿਚ ਅਰਦਾਸ ਕਰਦਿਆਂ ਭੀ ਸ਼ਰਮ ਆਉਂਦੀ ਹੈ, ਕਿਉਂਕਿ)
16083	351	ਪਾਪੁ ਪੁੰਨੁ ਦੁਇ ਸਾਖੀ ਪਾਸਿ॥੨॥	(ਸਾਖੀ) ਗਵਾਹ	Paap Punn Dhue Saakhee Paas ||2||	When both virtue and vice are close at hand as witnesses? ||2||	ਸਾਡਾ ਭਲਾ ਤੇ ਸਾਡਾ ਬੁਰਾ (ਚੰਗਿਆਈਆਂ ਦਾ ਸੰਗ੍ਰਹ ਤੇ ਭੈੜੇ ਕੰਮਾਂ ਦਾ ਸੰਗ੍ਰਹ) ਇਹ ਦੋਵੇਂ ਸਾਡੀਆਂ ਕਰਤੂਤਾਂ ਦੇ ਗਵਾਹ ਮੌਜੂਦ ਹਨ ॥੨॥
16084	351	ਜੈਸਾ ਤੂੰ ਕਰਹਿ ਤੈਸਾ ਕੋ ਹੋਇ॥		Jaisaa Thoon Karehi Thaisaa Ko Hoe ||	As You make us, so we become.	(ਪਰ ਸਾਡੇ ਕੁਝ ਵਸ ਨਹੀਂ ਹੈ, ਹੇ ਪ੍ਰਭੂ!) ਤੂੰ ਆਪ ਹੀ ਜੀਵ ਨੂੰ ਜਿਹੋ ਜਿਹਾ ਬਣਾਂਦਾ ਹੈਂ ਉਹੋ ਜਿਹਾ ਉਹ ਬਣ ਜਾਂਦਾ ਹੈ।
16085	351	ਤੁਝ ਬਿਨੁ ਦੂਜਾ ਨਾਹੀ ਕੋਇ॥		Thujh Bin Dhoojaa Naahee Koe ||	Without You, there is no other at all.	ਤੈਥੋਂ ਬਿਨਾ ਹੋਰ ਕੋਈ ਨਹੀਂ (ਜੋ ਸਾਨੂੰ ਅਕਲ ਦੇ ਸਕੇ)।
16086	351	ਜੇਹੀ ਤੂੰ ਮਤਿ ਦੇਹਿ ਤੇਹੀ ਕੋ ਪਾਵੈ॥		Jaehee Thoon Math Dhaehi Thaehee Ko Paavai ||	As is the understanding which You bestow, so do we receive.	ਤੂੰ ਹੀ ਜਿਹੋ ਜਿਹੀ ਅਕਲ ਬਖ਼ਸ਼ਦਾ ਹੈਂ, ਉਹੀ ਅਕਲ ਜੀਵ ਗ੍ਰਹਣ ਕਰ ਲੈਂਦਾ ਹੈ।
16087	351	ਤੁਧੁ ਆਪੇ ਭਾਵੈ ਤਿਵੈ ਚਲਾਵੈ॥੩॥		Thudhh Aapae Bhaavai Thivai Chalaavai ||3||	As it pleases Your Will, so do You lead us. ||3||	ਜਿਵੇਂ ਤੈਨੂੰ ਚੰਗਾ ਲਗਦਾ ਹੈ, ਤੂੰ ਉਸੇ ਤਰ੍ਹਾਂ ਜਗਤ ਦੀ ਕਾਰ ਚਲਾ ਰਿਹਾ ਹੈਂ ॥੩॥

16088	351	ਰਾਗ ਰਤਨ ਪਰੀਆ ਪਰਵਾਰ॥	ਰਾਗ ਪ੍ਰੇਮ ਸਰੂਪ ਰਤਨ ਪ੍ਰਕਾਸ਼ ਸਰੂਪ ਬ੍ਰਹਮ ਜੀ ਦਾ (ਪਰਵਾਰ) ਪ੍ਰਕਾਸ਼ ਹੀ ਪ੍ਰਕਾਸ਼ (ਪਰੀਆ) ਪੈ ਗਿਆ	Raag Rathan Pareeaa Paravaar ||	The divine crystalline harmonies, their consorts, and their celestial families	ਸ੍ਰੇਸ਼ਟ ਵਧੀਆ ਰਾਗ ਤੇ ਉਹਨਾਂ ਦੀਆਂ ਰਾਗਣੀਆਂ ਆਦਿਕ ਦਾ ਇਹ ਸਾਰਾ ਪਰਵਾਰ-
16089	351	ਤਿਸੁ ਵਿਚਿ ਉਪਜੈ ਅੰਮ੍ਰਿਤੁ ਸਾਰ॥		This Vich Oupajai Anmrith Saar ||	From them, the essence of Ambrosial Nectar is produced.	ਜੇ ਇਸ ਰਾਗ-ਪਰਵਾਰ ਵਿਚ ਸ੍ਰੇਸ਼ਟ ਨਾਮ-ਰਸ ਭੀ ਜੰਮ ਪਏ (ਤਾਂ ਇਸ ਮੇਲ ਵਿਚੋਂ ਅਸਚਰਜ ਆਤਮਕ ਆਨੰਦ ਪੈਦਾ ਹੁੰਦਾ ਹੈ)।
16090	351	ਨਾਨਕ ਕਰਤੇ ਕਾ ਇਹੁ ਧਨੁ ਮਾਲੁ॥		Naanak Karathae Kaa Eihu Dhhan Maal ||	O Nanak, this is the wealth and property of the Creator Lord.	ਹੇ ਨਾਨਕ! (ਇਹ ਆਤਮਕ ਆਨੰਦ ਹੀ) ਕਰਤਾਰ ਤਕ ਅਪੜਾਣ ਵਾਲਾ ਧਨ-ਮਾਲ ਹੈ,
16091	351	ਜੇ ਕੋ ਬੂਝੈ ਏਹੁ ਬੀਚਾਰੁ॥੪॥੯॥		Jae Ko Boojhai Eaehu Beechaar ||4||9||	If only this essential reality were understood! ||4||9||	ਜੇ ਕਿਸੇ ਸੁਭਾਗੇ ਮਨੁੱਖ ਨੂੰ ਇਹ ਸਮਝ ਪੈ ਜਾਏ (ਤਾਂ ਉਹ ਇਸ ਆਤਮਕ ਆਨੰਦ ਨੂੰ ਮਾਣੇ) ॥੪॥੯॥
16092	351	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	

16093	351	ਕਰਿ ਕਿਰਪਾ ਅਪਨੈ ਘਰਿ ਆਇਆ ਤਾ ਮਿਲਿ ਸਖੀਆ ਕਾਜੁ ਰਚਾਇਆ॥		Kar Kirapaa Apanai Ghar Aaeiaa Thaa Mil Sakheeaa Kaaj Rachaaeiaa ||	When by His Grace He came to my home, then my companions met together to celebrate my marriage.	ਜਦੋਂ ਮੇਰਾ ਖਸਮ-ਪ੍ਰਭੂ (ਮੈਨੂੰ ਜੀਵ-ਇਸਤ੍ਰੀ ਨੂੰ ਅਪਣਾ ਕੇ ਮੇਰੇ ਹਿਰਦੇ ਨੂੰ ਆਪਣੇ ਰਹਿਣ ਦਾ ਘਰ ਬਣਾ ਕੇ) ਆਪਣੇ ਘਰ ਵਿਚ ਆ ਟਿਕਿਆ, ਤਾਂ ਮੇਰੀਆਂ ਸਹੇਲੀਆਂ ਨੇ ਮਿਲ ਕੇ (ਜੀਭ, ਅੱਖਾਂ, ਕੰਨਾਂ ਆਦਿਕ ਨੇ ਰਲ ਕੇ) ਪ੍ਰਭੂ-ਪਤੀ ਨਾਲ ਮੇਲ ਦੇ ਗੀਤ ਗਾਣੇ-ਸੁਣਨੇ ਸ਼ੁਰੂ ਕਰ ਦਿੱਤੇ।
16094	351	ਖੇਲੁ ਦੇਖਿ ਮਨਿ ਅਨਦੁ ਭਇਆ ਸਹੁ ਵੀਆਹਣ ਆਇਆ॥੧॥	ਖ੍ਹੇਲੁ	Khael Dhaekh Man Anadh Bhaeiaa Sahu Veeaahan Aaeiaa ||1||	Beholding this play, my mind became blissful; my Husband Lord has come to marry me. ||1||	ਮੇਰਾ ਖਸਮ-ਪ੍ਰਭੂ ਮੈਨੂੰ ਵੀਆਹਣ ਆਇਆ ਹੈ (ਮੈਨੂੰ ਆਪਣੇ ਚਰਨਾਂ ਵਿਚ ਜੋੜਨ ਆਇਆ ਹੈ)-ਪ੍ਰਭੂ-ਮਿਲਾਪ ਲਈ ਇਹ ਉੱਦਮ ਵੇਖ ਕੇ ਮੇਰੇ ਮਨ ਵਿਚ ਆਨੰਦ ਪੈਦਾ ਹੋ ਗਿਆ ਹੈ ॥੧॥
16095	351	ਗਾਵਹੁ ਗਾਵਹੁ ਕਾਮਣੀ ਬਿਬੇਕ ਬੀਚਾਰੁ॥		Gaavahu Gaavahu Kaamanee Bibaek Beechaar ||	So sing - yes, sing the songs of wisdom and reflection, O brides.	ਹੇ ਇਸਤ੍ਰੀਓ! (ਹੇ ਮੇਰੇ ਗਿਆਨ-ਇੰਦ੍ਰਿਓ! ਚੰਗੇ ਮੰਦੇ ਦੀ) ਪਰਖ ਦੀ ਵਿਚਾਰ (ਪੈਦਾ ਕਰਨ ਵਾਲਾ ਗੀਤ) ਮੁੜ ਮੁੜ ਗਾਵੋ (ਹੇ ਮੇਰੀ ਜੀਭ! ਸਿਫ਼ਤਿ-ਸਾਲਾਹ ਵਿਚ ਜੁੜ; ਤਾਕਿ ਤੈਨੂੰ ਨਿੰਦਾ ਕਰਨ ਵਲੋਂ ਹਟਣ ਦੀ ਸੂਝ ਆ ਜਾਏ। ਹੇ ਮੇਰੇ ਕੰਨੋ! ਸਿਫ਼ਤਿ-ਸਾਲਾਹ ਦੇ ਗੀਤ ਸੁਣਦੇ ਰਹੋ, ਤਾਂ ਜੁ ਨਿੰਦਾ ਸੁਣਨ ਦੀ ਬਾਣ ਹਟੇ)।

16096	351	ਹਮਰै ਘਰਿ ਆਇਆ ਜਗਜੀਵਨੁ ਭਤਾਰੁ॥੧॥ਰਹਾਉ॥	ਜੱਗਜੀਵਨੁ	Hamarai Ghar Aaeiaa Jagajeevan Bhathaar ||1|| Rehaao ||	My spouse, the Life of the world, has come into my home. ||1||Pause||	ਸਾਡੇ ਘਰ ਵਿਚ (ਮੇਰੇ ਹਿਰਦੇ-ਘਰ ਵਿਚ) ਉਹ ਖਸਮ-ਪ੍ਰਭੂ ਆ ਵੱਸਿਆ ਹੈ ਜੋ ਸਾਰੇ ਜਗਤ ਦੀ ਜ਼ਿੰਦਗੀ (ਦਾ ਆਸਰਾ) ਹੈ ॥੧॥ ਰਹਾਉ ॥
16097	351	ਗੁਰੂ ਦੁਆਰै ਹਮਰਾ ਵੀਆਹੁ ਜਿ ਹੋਆ ਜਾਂ ਸਹੁ ਮਿਲਿਆ ਤਾਂ ਜਾਨਿਆ॥		Guroo Dhuaarai Hamaraa Veeaahu J Hoaa Jaan Sahu Miliaa Thaan Jaaniaa ||	When I was married within the Gurdwara, the Guru's Gate, I met my Husband Lord, and I came to know Him.	ਗੁਰੂ ਦੀ ਸਰਨ ਪਿਆਂ ਸਾਡਾ ਇਹ ਵਿਆਹ ਹੋਇਆ (ਗੁਰੂ ਨੇ ਮੈਨੂੰ ਪ੍ਰਭੂ-ਪਤੀ ਨਾਲ ਜੋੜਿਆ), ਜਦੋਂ ਮੈਨੂੰ ਖਸਮ-ਪ੍ਰਭੂ ਮਿਲ ਪਿਆ, ਤਦੋਂ ਮੈਨੂੰ ਸਮਝ ਪੈ ਗਈ-
16098	351	ਤਿਹੁ ਲੋਕਾ ਮਹਿ ਸਬਦੁ ਰਵਿਆ ਹੈ ਆਪੁ ਗਇਆ ਮਨੁ ਮਾਨਿਆ॥੨॥		Thihu Lokaa Mehi Sabadh Raviaa Hai Aap Gaeiaa Man Maaniaa ||2||	The Word of His Shabad is pervading the three worlds; when my ego was quieted, my mind became happy. ||2||	ਕਿ ਉਹ ਪ੍ਰਭੂ ਜੀਵਨ-ਰੌ ਬਣ ਕੇ ਸਾਰੇ ਜਗਤ ਵਿਚ ਵਿਆਪਕ ਹੋ ਰਿਹਾ ਹੈ। ਮੇਰੇ ਅੰਦਰੋਂ ਆਪਾ-ਭਾਵ ਦੂਰ ਹੋ ਗਿਆ, ਮੇਰਾ ਮਨ ਉਸ ਪ੍ਰਭੂ-ਪਤੀ ਦੀ ਯਾਦ ਵਿਚ ਰਿੱਝ ਗਿਆ ॥੨॥
16099	351	ਆਪਣਾ ਕਾਰਜੁ ਆਪਿ ਸਵਾਰੇ ਹੋਰਨਿ ਕਾਰਜੁ ਨ ਹੋਈ॥	(ਹੋਰਨਿ) ਹੋਰਾਂ ਤੋਂ	Aapanaa Kaaraj Aap Savaarae Horan Kaaraj N Hoee ||	He Himself arranges His own affairs; His affairs cannot be arranged by anyone else.	ਪ੍ਰਭੂ-ਪਤੀ ਜੀਵ-ਇਸਤ੍ਰੀ ਨੂੰ ਆਪਣੇ ਨਾਲ ਮਿਲਾਣ ਦਾ ਇਹ ਕੰਮ ਆਪਣਾ ਸਮਝਦਾ ਹੈ, ਤੇ ਆਪ ਹੀ ਇਸ ਕਾਰਜ ਨੂੰ ਸਿਰੇ ਚਾੜ੍ਹਦਾ ਹੈ, ਕਿਸੇ ਹੋਰ ਪਾਸੋਂ ਇਹ ਕੰਮ ਸਿਰੇ ਨਹੀਂ ਚਾੜ੍ਹਿਆ ਜਾ ਸਕਦਾ।

16100	351	ਜਿਤੁ ਕਾਰਜਿ ਸਤੁ ਸੰਤੋਖੁ ਦਇਆ ਧਰਮੁ ਹੈ ਗੁਰਮੁਖਿ ਬੂਝੈ ਕੋਈ॥੩॥		Jith Kaaraj Sath Santhokh Dhaeiaa Dhharam Hai Guramukh Boojhai Koee ||3||	By the affair of this marriage, truth, contentment, mercy and faith are produced; but how rare is that Gurmukh who understands it! ||3||	ਇਸ ਮੇਲ ਦੀ ਬਰਕਤਿ ਨਾਲ (ਜੀਵ-ਇਸਤ੍ਰੀ ਦੇ ਅੰਦਰ) ਸੇਵਾ ਸੰਤੋਖ ਦਇਆ ਧਰਮ ਆਦਿਕ ਗੁਣ ਪੈਦਾ ਹੁੰਦੇ ਹਨ। ਇਸ ਭੇਤ ਨੂੰ ਉਹੀ ਮਨੁੱਖ ਸਮਝਦਾ ਹੈ ਜੋ ਗੁਰੂ ਦੇ ਸਨਮੁਖ ਹੁੰਦਾ ਹੈ ॥੩॥
16101	351	ਭਨਤਿ ਨਾਨਕੁ ਸਭਨਾ ਕਾ ਪਿਰੁ ਏਕੋ ਸੋਇ॥		Bhanath Naanak Sabhanaa Kaa Pir Eaeko Soe ||	Says Nanak, that Lord alone is the Husband of all.	ਨਾਨਕ ਆਖਦਾ ਹੈ-(ਭਾਵੇਂ ਜੀਕਰ) ਪਰਮਾਤਮਾ ਹੀ ਸਭ ਜੀਵ-ਇਸਤ੍ਰੀਆਂ ਦਾ ਪਤੀ ਹੈ,
16102	351	ਜਿਸ ਨੋ ਨਦਰਿ ਕਰੇ ਸਾ ਸੋਹਾਗਣਿ ਹੋਇ॥੪॥੧੦॥		Jis No Nadhar Karae Saa Sohaagan Hoe ||4||10||	She, upon whom He casts His Glance of Grace, becomes the happy soul-bride. ||4||10||	(ਫਿਰ ਭੀ) ਜਿਸ ਉਤੇ ਮੇਹਰ ਦੀ ਨਿਗਾਹ ਕਰਦਾ ਹੈ (ਜਿਸ ਦੇ ਹਿਰਦੇ ਵਿਚ ਆ ਕੇ ਪਰਗਟ ਹੁੰਦਾ ਹੈ) ਉਹੀ ਭਾਗਾਂ ਵਾਲੀ ਹੁੰਦੀ ਹੈ ॥੪॥੧੦॥
16103	351	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16104	351	ਗ੍ਰਿਹੁ ਬਨੁ ਸਮਸਰਿ ਸਹਜਿ ਸੁਭਾਇ॥		Grihu Ban Samasar Sehaj Subhaae ||	Home and forest are the same, for one who dwells in the balance of intuitive peace and poise.	(ਜਿਸ ਨੇ ਮਨ ਨੂੰ ਵੱਸ ਵਿਚ ਕਰ ਲਿਆ, ਉਸ ਮਨੁੱਖ ਨੂੰ) ਘਰ ਤੇ ਜੰਗਲ ਇੱਕ ਸਮਾਨ ਹੈ, ਕਿਉਂਕਿ ਉਹ ਅਡੋਲ ਅਵਸਥਾ ਵਿਚ ਰਹਿੰਦਾ ਹੈ, ਪ੍ਰਭੂ ਦੇ ਪਿਆਰ ਵਿਚ (ਮਸਤ ਰਹਿੰਦਾ) ਹੈ;

16105	351	ਦੁਰਮਤਿ ਗਤੁ ਭਈ ਕੀਰਤਿ ਠਾਇ॥		Dhuramath Gath Bhee Keerath Thaae ||	His evil-mindedness departs, and the Praises of God take its place.	ਉਸ ਮਨੁੱਖ ਦੀ ਭੈੜੀ ਮਤਿ ਦੂਰ ਹੋ ਜਾਂਦੀ ਹੈ ਉਸ ਦੇ ਥਾਂ ਉਸ ਦੇ ਅੰਦਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵੱਸਦੀ ਹੈ।
16106	351	ਸਚ ਪਉੜੀ ਸਾਚਉ ਮੁਖਿ ਨਾਂਉ॥		Sach Pourree Saacho Mukh Naano ||	To chant the True Name with one's mouth is the true ladder.	ਪ੍ਰਭੂ ਦਾ ਸਦਾ-ਥਿਰ ਰਹਿਣ ਵਾਲਾ ਨਾਮ ਉਸ ਦੇ ਮੂੰਹ ਵਿਚ ਹੁੰਦਾ ਹੈ, (ਸਿਮਰਨ ਦੀ ਇਸ) ਸੱਚੀ ਪੌੜੀ ਦੀ ਰਾਹੀਂ-
16107	352	ਸਤਿਗੁਰੁ ਸੇਵਿ ਪਾਏ ਨਿਜ ਥਾਉ॥੧॥	ਨਿੱਜ	Sathigur Saev Paaeae Nij Thhaao ||1||	Serving the True Guru, one finds one's own place within the self. ||1||	ਸਤਿਗੁਰੂ ਦੇ ਦੱਸੇ ਰਸਤੇ ਉਤੇ ਤੁਰ ਕੇ ਉਹ ਮਨੁੱਖ ਉਹ ਆਤਮਕ ਟਿਕਾਣਾ ਪ੍ਰਾਪਤ ਕਰ ਲੈਂਦਾ ਹੈ ਜੋ ਸਦਾ ਉਸ ਦਾ ਆਪਣਾ ਬਣਿਆ ਰਹਿੰਦਾ ਹੈ ॥੧॥
16108	352	ਮਨ ਚੂਰੇ ਖਟੁ ਦਰਸਨ ਜਾਣੁ॥	(ਚੂਰੇ) ਨਾਸ ਕਰੇ। (ਖਟੁ) ਛੇ	Man Choorae Khatt Dharasan Jaan ||	To conquer the mind is the knowledge of the six Shaastras.	ਜੋ ਮਨੁੱਖ ਆਪਣੇ ਮਨ ਨੂੰ ਆਪਣੇ ਵੱਸ ਵਿਚ ਕਰ ਲੈਂਦਾ ਹੈ, ਉਹ, ਮਾਨੋ, ਛੇ ਸ਼ਾਸਤ੍ਰਾਂ ਦਾ ਗਿਆਤਾ ਹੋ ਗਿਆ ਹੈ।
16109	352	ਸਰਬ ਜੋਤਿ ਪੂਰਨ ਭਗਵਾਨੁ॥੧॥ਰਹਾਉ ॥		Sarab Joth Pooran Bhagavaan ||1|| Rehaao ||	The Divine Light of the Lord God is perfectly pervading. ||1||Pause||	ਉਸ ਨੂੰ ਅਕਾਲ ਪੁਰਖ ਦੀ ਜੋਤਿ ਸਭ ਜੀਵਾਂ ਵਿਚ ਵਿਆਪਕ ਦਿੱਸਦੀ ਹੈ ॥੧॥ ਰਹਾਉ ॥
16110	352	ਅਧਿਕ ਤਿਆਸ ਭੇਖ ਬਹੁ ਕਰੈ॥	(ਤਿਆਸ) ਤ੍ਰਿਸ਼ਨਾ	Adhhik Thiaas Bhaekh Bahu Karai ||	Excessive thirst for Maya makes people wear all sorts of religious robes.	ਪਰ ਜੇ ਮਨੁੱਖ ਦੇ ਅੰਦਰ ਮਾਇਆ ਦੀ ਬਹੁਤ ਤ੍ਰਿਸ਼ਨਾ ਹੋਵੇ (ਬਾਹਰ ਜਗਤ-ਵਿਖਾਵੇ ਲਈ) ਬਹੁਤ ਧਾਰਮਿਕ ਲਿਬਾਸ ਪਹਿਨੇ,

16111	352	ਦੁਖੁ ਬਿਖਿਆ ਸੁਖੁ ਤਨਿ ਪਰਹਰੈ॥		Dhukh Bikhiaa Sukh Than Pareharai ||	The pain of corruption destroys the body's peace.	ਮਾਇਆ ਦੇ ਮੋਹ ਤੋਂ ਪੈਦਾ ਹੋਇਆ ਕਲੇਸ਼ ਉਸ ਦੇ ਅੰਦਰ ਆਤਮਕ ਸੁਖ ਨੂੰ ਦੂਰ ਕਰ ਦੇਂਦਾ ਹੈ,
16112	352	ਕਾਮੁ ਕ੍ਰੋਧੁ ਅੰਤਰਿ ਧਨੁ ਹਿਰੈ॥		Kaam Krodhh Anthar Dhhan Hirai ||	Sexual desire and anger steal the wealth of the self within.	ਤੇ ਕਾਮ ਕ੍ਰੋਧ ਉਸ ਦੇ ਅੰਦਰਲੇ ਨਾਮ-ਧਨ ਨੂੰ ਚੁਰਾ ਲੈ ਜਾਂਦਾ ਹੈ।
16113	352	ਦੁਬਿਧਾ ਛੋਡਿ ਨਾਮਿ ਨਿਸਤਰੈ॥੨॥	ਨਿਸਤਰੈ	Dhubidhhaa Shhodd Naam Nisatharai ||2||	But by abandoning duality, one is emancipated through the Naam, the Name of the Lord. ||2||	(ਤ੍ਰਿਸ਼ਨਾ ਦੇ ਹੜ੍ਹ ਵਿਚੋਂ ਉਹੀ ਮਨੁੱਖ) ਪਾਰ ਲੰਘਦਾ ਹੈ ਜੋ ਪ੍ਰਭੂ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ ਤੇ ਜੋ ਦੁਚਿੱਤਾ-ਪਨ ਛੱਡਦਾ ਹੈ ॥੨॥
16114	352	ਸਿਫਤਿ ਸਲਾਹਣੁ ਸਹਜ ਅਨੰਦ॥		Sifath Salaahan Sehaj Anandh ||	In the Lord's Praise and adoration is intuitive peace, poise and bliss.	(ਜਿਸ ਨੇ ਮਨ ਨੂੰ ਮਾਰ ਲਿਆ) ਉਹ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ ਆਤਮਕ ਅਡੋਲਤਾ ਦਾ ਆਨੰਦ ਮਾਣਦਾ ਹੈ,
16115	352	ਸਖਾ ਸੈਨੁ ਪ੍ਰੇਮੁ ਗੋਬਿੰਦ॥		Sakhaa Sain Praem Gobindh ||	The Love of the Lord God is one's family and friends.	ਗੋਬਿੰਦ ਦੇ ਪ੍ਰੇਮ ਨੂੰ ਆਪਣਾ ਸਾਥੀ ਮਿਤ੍ਰ ਬਣਾਂਦਾ ਹੈ।
16116	352	ਆਪੇ ਕਰੇ ਆਪੇ ਬਖਸਿੰਦੁ॥	ਬਖ-ਸਿੰਦੁ	Aapae Karae Aapae Bakhasindh ||	He Himself is the Doer, and He Himself is the Forgiver.	ਉਸ ਨੂੰ ਯਕੀਨ ਰਹਿੰਦਾ ਹੈ ਕਿ ਪ੍ਰਭੂ ਆਪ ਹੀ (ਜੀਵਾਂ ਨੂੰ) ਪੈਦਾ ਕਰਦਾ ਹੈ ਆਪ ਹੀ ਦਾਤਾਂ ਬਖ਼ਸ਼ਣ ਵਾਲਾ ਹੈ।

16117	352	ਤਨੁ ਮਨੁ ਹਰਿ ਪਹਿ ਆਗੈ ਜਿੰਦੁ॥੩॥		Than Man Har Pehi Aagai Jindh ||3||	My body and mind belong to the Lord; my life is at His Command. ||3||	ਉਹ ਮਨੁੱਖ ਆਪਣਾ ਤਨ, ਆਪਣਾ ਮਨ, ਆਪਣੀ ਜਿੰਦ ਪ੍ਰਭੂ ਦੇ ਹਵਾਲੇ ਕਰੀ ਰੱਖਦਾ ਹੈ ॥੩॥
16118	352	ਝੂਠ ਵਿਕਾਰ ਮਹਾ ਦੁਖੁ ਦੇਹ॥		Jhooth Vikaar Mehaa Dhukh Dhaeh ||	Falsehood and corruption cause terrible suffering.	(ਮਨ ਮਾਰ ਕੇ ਆਤਮਕ ਆਨੰਦ ਲੈਣ ਵਾਲੇ ਨੂੰ) ਝੂਠ ਆਦਿਕ ਵਿਕਾਰ ਸਰੀਰ ਵਾਸਤੇ ਭਾਰੀ ਕਸ਼ਟ (ਦਾ ਮੂਲ) ਜਾਪਦੇ ਹਨ,
16119	352	ਭੇਖ ਵਰਨ ਦੀਸਹਿ ਸਭਿ ਖੇਹ॥	(ਵਰਨ) ਜਾਤ। ਦੀਸ-ਹਿ	Bhaekh Varan Dheesehi Sabh Khaeh ||	All the religious robes and social classes look just like dust.	(ਜਗਤ-ਵਿਖਾਵੇ ਵਾਲੇ) ਸਾਰੇ ਧਾਰਮਿਕ ਭੇਖ ਤੇ ਵਰਨ (ਆਸ਼੍ਰਮਾਂ ਦਾ ਮਾਣ) ਮਿੱਟੀ ਸਮਾਨ ਦਿੱਸਦੇ ਹਨ।
16120	352	ਜੋ ਉਪਜੈ ਸੋ ਆਵੈ ਜਾਇ॥		Jo Oupajai So Aavai Jaae ||	Whoever is born, continues to come and go.	ਉਸ ਨੂੰ ਯਕੀਨ ਰਹਿੰਦਾ ਹੈ ਕਿ ਜਗਤ ਤਾਂ ਪੈਦਾ ਹੁੰਦਾ ਤੇ ਨਾਸ ਹੋ ਜਾਂਦਾ ਹੈ।
16121	352	ਨਾਨਕ ਅਸਥਿਰੁ ਨਾਮੁ ਰਜਾਇ॥੪॥੧੧॥		Naanak Asathhir Naam Rajaae ||4||11||	O Nanak, only the Naam and the Lord's Command are eternal and everlasting. ||4||11||	ਹੇ ਨਾਨਕ! ਪਰਮਾਤਮਾ ਦਾ ਇਕ ਨਾਮ ਹੀ ਸਦਾ-ਥਿਰ ਰਹਿਣ ਵਾਲਾ ਹੈ (ਇਸ ਵਾਸਤੇ ਉਹ ਨਾਮ ਜਪਦਾ ਹੈ) ॥੪॥੧੧॥
16122	352	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16123	352	ਏਕੋ ਸਰਵਰੁ ਕਮਲ ਅਨੂਪ॥	(ਅਨੂਪ) ਸੁੰਦਰ	Eaeko Saravar Kamal Anoop ||	In the pool is the one incomparably beautiful lotus.	(ਸਤਸੰਗ ਇਕ ਸਰੋਵਰ ਹੈ (ਜਿਸ ਵਿਚ) ਸੰਤ-ਜਨ ਸੋਹਣੇ ਕੌਲ-ਫੁੱਲ ਹਨ।

16124	352	ਸਦਾ ਬਿਗਾਸੈ ਪਰਮਲ ਰੂਪ॥	(ਪਰਮਲ) ਚੰਦਨ	Sadhaa Bigaasai Paramal Roop ||	It blossoms continually; its form is pure and fragrant.	(ਸਤਸੰਗ ਉਹਨਾਂ ਨੂੰ ਨਾਮ-ਜਲ ਦੇ ਕੇ) ਸਦਾ ਖਿੜਾਈ ਰੱਖਦਾ ਹੈ (ਉਹਨਾਂ ਨੂੰ ਆਤਮਕ ਜੀਵਨ ਦੀ) ਸੁਗੰਧੀ ਤੇ ਸੁੰਦਰਤਾ ਦੇਂਦਾ ਹੈ।
16125	352	ਊਜਲ ਮੋਤੀ ਚੂਗਹਿ ਹੰਸ॥		Oojal Mothee Choogehi Hans ||	The swans pick up the bright jewels.	ਸੰਤ-ਹੰਸ (ਉਸ ਸਤਸੰਗ-ਸਰੋਵਰ ਵਿਚ ਰਹਿ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ) ਸੋਹਣੇ ਮੋਤੀ ਚੁਗ ਕੇ ਖਾਂਦੇ ਹਨ,
16126	352	ਸਰਬ ਕਲਾ ਜਗਦੀਸੈ ਅੰਸ॥੧॥	ਜੱਗਦੀਸੈ	Sarab Kalaa Jagadheesai Ans ||1||	They take on the essence of the All-powerful Lord of the Universe. ||1||	(ਤੇ ਇਸ ਤਰ੍ਹਾਂ) ਸਾਰੀਆਂ ਤਾਕਤਾਂ ਦੇ ਮਾਲਕ ਜਗਦੀਸ਼ ਦਾ ਹਿੱਸਾ (ਬਣੇ ਰਹਿੰਦੇ ਹਨ; ਜਗਦੀਸ਼ ਨਾਲ ਇੱਕ-ਰੂਪ ਹੋਏ ਰਹਿੰਦੇ ਹਨ) ॥੧॥
16127	352	ਜੋ ਦੀਸੈ ਸੋ ਉਪਜੈ ਬਿਨਸੈ॥		Jo Dheesai So Oupajai Binasai ||	Whoever is seen, is subject to birth and death.	ਜੋ ਕੁਝ ਦਿੱਸ ਰਿਹਾ ਹੈ (ਭਾਵ, ਇਹ ਦਿੱਸਦਾ ਜਗਤ) ਪੈਦਾ ਹੁੰਦਾ ਹੈ ਤੇ ਨਾਸ ਹੋ ਜਾਂਦਾ ਹੈ।

16128	352	ਬਿਨੁ ਜਲ ਸਰਵਰਿ ਕਮਲੁ ਨ ਦੀਸੈ॥੧॥ਰਹਾਉ॥		Bin Jal Saravar Kamal N Dheesai ||1|| Rehaao ||	In the pool without water, the lotus is not seen. ||1||Pause||	ਪਰ ਸਰੋਵਰ ਵਿਚ (ਉਗਿਆ ਹੋਇਆ) ਕੌਲ ਪਾਣੀ ਤੋਂ ਬਿਨਾ ਨਹੀਂ ਹੈ (ਇਸ ਵਾਸਤੇ ਉਹ ਨਾਸ ਹੁੰਦਾ) ਨਹੀਂ ਦਿੱਸਦਾ (ਭਾਵ, ਜਿਵੇਂ ਸਰੋਵਰ ਵਿਚ ਉੱਗਿਆ ਹੋਇਆ ਕੌਲ-ਫੁੱਲ ਪਾਣੀ ਦੀ ਬਰਕਤਿ ਨਾਲ ਹਰਾ ਰਹਿੰਦਾ ਹੈ, ਤਿਵੇਂ ਸਤਸੰਗ ਵਿਚ ਟਿਕੇ ਰਹਿਣ ਵਾਲੇ ਗੁਰਮੁਖਿ ਦਾ ਹਿਰਦਾ-ਕਮਲ ਸਦਾ ਆਤਮਕ ਜੀਵਨ ਵਾਲਾ ਹੈ) ॥੧॥ ਰਹਾਉ ॥
16129	352	ਬਿਰਲਾ ਬੂਝੈ ਪਾਵੈ ਭੇਦੁ॥	ਬੂੱਝੈ	Biralaa Boojhai Paavai Bhaedh ||	How rare are those who know and understand this secret.	(ਸਤਸੰਗ ਸਰੋਵਰ ਦੀ ਇਸ) ਗੁਪਤ ਕਦਰ ਨੂੰ ਕੋਈ ਵਿਰਲਾ ਹੀ ਬੰਦਾ ਸਮਝਦਾ ਹੈ।
16130	352	ਸਾਖਾ ਤੀਨਿ ਕਹੈ ਨਿਤ ਬੇਦੁ॥		Saakhaa Theen Kehai Nith Baedh ||	The Vedas continually speak of the three branches.	(ਜਗਤ ਆਮ ਤੌਰ ਤੇ ਤ੍ਰਿਗੁਣੀ ਸੰਸਾਰ ਦੀਆਂ ਗੱਲਾਂ ਕਰਦਾ ਹੈ) ਵੇਦ (ਭੀ) ਤ੍ਰਿਗੁਣੀ ਸੰਸਾਰ ਦਾ ਹੀ ਜ਼ਿਕਰ ਕਰਦਾ ਹੈ।
16131	352	ਨਾਦ ਬਿੰਦ ਕੀ ਸੁਰਤਿ ਸਮਾਇ॥	(ਬਿੰਦ) ਜਾਨਣਾ	Naadh Bindh Kee Surath Samaae ||	One who merges into the knowledge of the Lord as absolute and related,	(ਸਤਸੰਗ ਵਿਚ ਰਹਿ ਕੇ) ਜਿਸ ਮਨੁੱਖ ਦੀ ਸੁਰਤਿ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਸੂਝ ਵਿਚ ਲੀਨ ਰਹਿੰਦੀ ਹੈ,
16132	352	ਸਤਿਗੁਰੁ ਸੇਵਿ ਪਰਮਪਦੁ ਪਾਇ॥੨॥		Sathigur Saev Param Padh Paae ||2||	Serves the True Guru and obtains the supreme status. ||2||	ਉਹ ਆਪਣੇ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਉੱਚੀ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ ॥੨॥

16133	352	ਮੁਕਤੋ ਰਾਤਉ ਰੰਗਿ ਰਵਾਂਤਉ॥	(ਰਵਾਂ-ਤਉ) ਸਿਮਰਦਾ। ਰੱਾਤਉ	Mukatho Raatho Rang Ravaantho ||	One who is imbued with the Love of the Lord and dwells continually upon Him is liberated.	(ਸਤਸੰਗ ਸਰੋਵਰ ਵਿਚ ਚੁੱਭੀ ਲਾਣ ਵਾਲਾ ਮਨੁੱਖ) ਮਾਇਆ ਦੇ ਪ੍ਰਭਾਵ ਤੋਂ ਸੁਤੰਤ੍ਰ ਹੈ, ਪ੍ਰਭੂ ਦੀ ਯਾਦ ਵਿਚ ਮਸਤ ਰਹਿੰਦਾ ਹੈ, ਪ੍ਰੇਮ ਵਿਚ ਟਿਕ ਕੇ ਸਿਮਰਨ ਕਰਦਾ ਹੈ;
16134	352	ਰਾਜਨ ਰਾਜਿ ਸਦਾ ਬਿਗਸਾਂਤਉ॥	(ਬਿਗ-ਸਾਂਤਉ) ਖਿੜਦਾ ਹੈ	Raajan Raaj Sadhaa Bigasaantho ||	He is the king of kings, and blossoms forth continually.	ਰਾਜਿਆਂ ਦੇ ਰਾਜੇ ਪ੍ਰਭੂ ਵਿਚ (ਜੁੜਿਆ ਰਹਿ ਕੇ) ਸਦਾ ਪ੍ਰਸੰਨ-ਚਿੱਤ ਰਹਿੰਦਾ ਹੈ।
16135	352	ਜਿਸੁ ਤੂੰ ਰਾਖਹਿ ਕਿਰਪਾ ਧਾਰਿ॥		Jis Thoon Raakhehi Kirapaa Dhhaar ||	That one whom You preserve, by bestowing Your Mercy, O Lord,	(ਪਰ ਹੇ ਪ੍ਰਭੂ! ਇਹ ਤੇਰੀ ਹੀ ਮੇਹਰ ਹੈ) ਤੂੰ ਮੇਹਰ ਕਰ ਕੇ ਜਿਸ ਨੂੰ (ਮਾਇਆ ਦੇ ਅਸਰ ਤੋਂ) ਬਚਾ ਲੈਂਦਾ ਹੈਂ (ਉਹ ਬਚ ਜਾਂਦਾ ਹੈ),
16136	352	ਬੂਡਤ ਪਾਹਨ ਤਾਰਹਿ ਤਾਰਿ॥੩॥	(ਪਾਹਨ) ਪੱਥਰ	Booddath Paahan Thaarehi Thaar ||3||	Even the sinking stone - You float that one across. ||3||	ਤੂੰ ਆਪਣੇ ਨਾਮ ਦੀ ਬੇੜੀ ਵਿਚ (ਬੜੇ ਬੜੇ) ਪੱਥਰ (-ਦਿਲਾਂ) ਨੂੰ ਤਾਰ ਲੈਂਦਾ ਹੈਂ ॥੩॥
16137	352	ਤ੍ਰਿਭਵਣ ਮਹਿ ਜੋਤਿ ਤ੍ਰਿਭਵਣ ਮਹਿ ਜਾਣਿਆ॥		Thribhavan Mehi Joth Thribhavan Mehi Jaaniaa ||	Your Light is pervading the three worlds; I know that You are permeating the three worlds.	(ਜੋ ਮਨੁੱਖ ਸਤਸੰਗ ਵਿਚ ਟਿਕਿਆ ਉਸ ਨੇ) ਤਿੰਨਾਂ ਭਵਨਾਂ ਵਿਚ ਪ੍ਰਭੂ ਦੀ ਜੋਤਿ ਵੇਖ ਲਈ, ਉਸ ਨੇ ਸਾਰੇ ਜਗਤ ਵਿਚ ਵੱਸਦੇ ਨੂੰ ਪਛਾਣ ਲਿਆ,
16138	352	ਉਲਟ ਭਈ ਘਰੁ ਘਰ ਮਹਿ ਆਣਿਆ॥		Oulatt Bhee Ghar Ghar Mehi Aaniaa ||	When my mind turned away from Maya, I came to dwell in my own home.	ਉਸ ਦੀ ਸੁਰਤਿ ਮਾਇਆ ਦੇ ਮੋਹ ਵਲੋਂ ਪਰਤ ਪਈ, ਉਸ ਨੇ ਪਰਮਾਤਮਾ ਦਾ ਨਿਵਾਸ-ਥਾਂ ਆਪਣੇ ਹਿਰਦੇ ਵਿਚ ਲਿਆ ਬਣਾਇਆ।

16139	352	ਅਹਿ ਨਿਸਿ ਭਗਤਿ ਕਰੇ ਲਿਵ ਲਾਇ॥		Ahinis Bhagath Karae Liv Laae ||	Nanak falls at the feet of that person who immerses himself in the Lord's Love,	ਉਹ ਸੁਰਤਿ ਜੋੜ ਕੇ ਦਿਨ ਰਾਤ ਭਗਤੀ ਕਰਦਾ ਹੈ।
16140	352	ਨਾਨਕੁ ਤਿਨ ਕੈ ਲਾਗੈ ਪਾਇ॥੪॥੧੨॥		Naanak Thin Kai Laagai Paae ||4||12||	And performs devotional worship night and day. ||4||12||	ਨਾਨਕ ਅਜੇਹੇ (ਵਡਭਾਗੀ ਸੰਤ) ਜਨਾਂ ਦੀ ਚਰਨੀਂ ਲਗਦਾ ਹੈ ॥੪॥੧੨॥
16141	352	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16142	352	ਗੁਰਮਤਿ ਸਾਚੀ ਹੁਜਤਿ ਦੂਰਿ॥	(ਹੁੱਜ-ਤਿ) ਤਰਕ	Guramath Saachee Hujath Dhoor ||	Receiving the True Teachings from the Guru, arguments depart.	ਜੋ ਮਨੁੱਖ ਗੁਰੂ ਦੀ (ਇਸ) ਮਤਿ ਨੂੰ ਦ੍ਰਿੜ ਕਰ ਕੇ ਧਾਰਦਾ ਹੈ, (ਪਰਮਾਤਮਾ ਦੀ ਅੰਗ-ਸੰਗਤਾ ਬਾਰੇ) ਉਸ ਮਨੁੱਖ ਦੀ ਅਸਰਧਾ ਦੂਰ ਹੋ ਜਾਂਦੀ ਹੈ।
16143	352	ਬਹੁਤੁ ਸਿਆਣਪ ਲਾਗੈ ਧੂਰਿ॥	(ਧੂਰਿ) ਮੈਲ਼	Bahuth Siaanap Laagai Dhoor ||	But through excessive cleverness, one is only plastered with dirt.	(ਗੁਰੂ ਦੀ ਮਤਿ ਉਤੇ ਸਰਧਾ ਦੇ ਥਾਂ) ਮਨੁੱਖ ਦੀਆਂ ਆਪਣੀਆਂ ਬਹੁਤੀਆਂ ਚਤੁਰਾਈਆਂ ਨਾਲ ਮਨ ਵਿਚ (ਵਿਕਾਰਾਂ ਦੀ) ਮੈਲ ਇਕੱਠੀ ਹੁੰਦੀ ਹੈ।
16144	352	ਲਾਗੀ ਮੈਲੁ ਮਿਟੈ ਸਚ ਨਾਇ॥		Laagee Mail Mittai Sach Naae ||	The filth of attachment is removed by the True Name of the Lord.	ਇਹ ਇਕੱਠੀ ਹੋਈ ਮੈਲ ਸਦਾ-ਥਿਰ ਪ੍ਰਭੂ ਦੇ ਨਾਮ ਦੀ ਰਾਹੀਂ ਹੀ ਮਿਟ ਸਕਦੀ ਹੈ,

16145	352	ਗੁਰ ਪਰਸਾਦਿ ਰਹੈ ਲਿਵ ਲਾਇ॥੧॥		Gur Parasaadh Rehai Liv Laae ||1||	By Guru's Grace, one remains lovingly attached to the Lord. ||1||	ਤੇ, ਗੁਰੂ ਦੀ ਕਿਰਪਾ ਨਾਲ ਹੀ ਮਨੁੱਖ (ਪਰਮਾਤਮਾ ਦੇ ਚਰਨਾਂ ਵਿਚ) ਸੁਰਤਿ ਟਿਕਾ ਕੇ ਰੱਖ ਸਕਦਾ ਹੈ ॥੧॥
16146	352	ਹੈ ਹਜੂਰਿ ਹਾਜਰੁ ਅਰਦਾਸਿ॥		Hai Hajoor Haajar Aradhaas ||	He is the Presence Ever-present; offer your prayers to Him.	(ਹੇ ਭਾਈ!) ਪਰਮਾਤਮਾ ਹਰ ਵੇਲੇ ਸਾਡੇ ਅੰਗ-ਸੰਗ ਹੈ, ਇਕ-ਮਨ ਹੋ ਕੇ ਉਸ ਦੇ ਅੱਗੇ ਅਰਦਾਸ ਕਰੋ।
16147	352	ਦੁਖੁ ਸੁਖੁ ਸਾਚੁ ਕਰਤੇ ਪ੍ਰਭ ਪਾਸਿ॥੧॥ਰਹਾਉ॥		Dhukh Sukh Saach Karathae Prabh Paas ||1|| Rehaao ||	Pain and pleasure are in the Hands of God, the True Creator. ||1||Pause||	ਇਹ ਯਕੀਨ ਜਾਣੋ ਕਿ ਹਰੇਕ ਜੀਵ ਦਾ ਦੁੱਖ-ਸੁਖ ਉਹ ਕਰਤਾਰ ਪ੍ਰਭੂ ਜਾਣਦਾ ਹੈ ॥੧॥ ਰਹਾਉ ॥
16148	352	ਕੂੜੁ ਕਮਾਵੈ ਆਵੈ ਜਾਵੈ॥		Koorr Kamaavai Aavai Jaavai ||	One who practices falsehood comes and goes.	ਜੋ ਮਨੁੱਖ (ਅਸਰਧਾ-ਭਰੀਆਂ ਚਤੁਰਾਈਆਂ ਦੀ) ਵਿਅਰਥ ਕਮਾਈ ਕਰਦਾ ਹੈ ਉਹ ਜਨਮ-ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ,
16149	352	ਕਹਣਿ ਕਥਨਿ ਵਾਰਾ ਨਹੀ ਆਵੈ॥	(ਵਾਰਾ) ਅੰਤ	Kehan Kathhan Vaaraa Nehee Aavai ||	By speaking and talking, His limits cannot be found.	ਉਸ ਦੀਆਂ ਇਹ ਵਿਅਰਥ ਗੱਲਾਂ ਕਦੇ ਮੁੱਕਦੀਆਂ ਹੀ ਨਹੀਂ।
16150	352	ਕਿਆ ਦੇਖਾ ਸੂਝ ਬੂਝ ਨ ਪਾਵੈ॥		Kiaa Dhaekhaa Soojh Boojh N Paavai ||	Whatever one sees, is not understood.	(ਅਗਿਆਨੀ ਅੰਨ੍ਹੇ ਨੇ ਹੁੱਦਤਾਂ ਵਿਚ ਹੀ ਰਹਿ ਕੇ) ਅਸਲੀਅਤ ਵੇਖੀ ਨਹੀਂ, ਇਸ ਵਾਸਤੇ ਉਸ ਨੂੰ ਕੋਈ ਸਮਝ ਨਹੀਂ ਆਉਂਦੀ,

16151	352	ਬਿਨੁ ਨਾਵੈ ਮਨਿ ਤ੍ਰਿਪਤਿ ਨ ਆਵੈ॥੨॥		Bin Naavai Man Thripath N Aavai ||2||	Without the Name, satisfaction does not enter into the mind. ||2||	ਤੇ, ਪਰਮਾਤਮਾ ਦੇ ਨਾਮ ਤੋਂ ਬਿਨਾ ਉਸ ਦੇ ਮਨ ਵਿਚ ਸ਼ਾਂਤੀ ਨਹੀਂ ਆਉਂਦੀ ॥੨॥
16152	352	ਜੋ ਜਨਮੇ ਸੇ ਰੋਗਿ ਵਿਆਪੇ॥		Jo Janamae Sae Rog Viaapae ||	Whoever is born is afflicted by disease,	ਜੋ ਭੀ ਜੀਵ ਜਗਤ ਵਿਚ ਜਨਮ ਲੈਂਦੇ ਹਨ (ਪਰਮਾਤਮਾ ਦੀ ਹਸਤੀ ਵਲੋਂ ਅਸਰਧਾ ਦੇ ਕਾਰਨ) ਆਤਮਕ ਰੋਗ ਵਿਚ ਦਬੇ ਰਹਿੰਦੇ ਹਨ,
16153	352	ਹਉਮੈ ਮਾਇਆ ਦੂਖਿ ਸੰਤਾਪੇ॥	(ਸੰਤਾਪੇ) ਸਤਾਏ	Houmai Maaeiaa Dhookh Santhaapae ||	Tortured by the pain of egotism and Maya.	ਤੇ, ਹਉਮੈ ਦੇ ਦੁੱਖ ਵਿਚ, ਮਾਇਆ ਦੇ ਮੋਹ ਦੇ ਦੁੱਖ ਵਿਚ ਉਹ ਕਲੇਸ਼ ਪਾਂਦੇ ਰਹਿੰਦੇ ਹਨ।
16154	352	ਸੇ ਜਨ ਬਾਚੇ ਜੋ ਪ੍ਰਭਿ ਰਾਖੇ॥		Sae Jan Baachae Jo Prabh Raakhae ||	They alone are saved, who are protected by God.	ਇਸ ਰੋਗ ਤੋਂ ਇਸ ਦੁੱਖ ਤੋਂ ਉਹੀ ਮਨੁੱਖ ਬਚਦੇ ਹਨ, ਜਿਨ੍ਹਾਂ ਦੀ ਪ੍ਰਭੂ ਨੇ ਆਪ ਰਾਖੀ ਕੀਤੀ;
16155	352	ਸਤਿਗੁਰੁ ਸੇਵਿ ਅੰਮ੍ਰਿਤ ਰਸੁ ਚਾਖੇ॥੩॥		Sathigur Saev Anmrith Ras Chaakhae ||3||	Serving the True Guru, they drink in the Amrit, the Ambrosial Nectar. ||3||	ਜਿਨ੍ਹਾਂ ਨੇ ਗੁਰੂ ਦੇ ਦੱਸੇ ਰਸਤੇ ਉਤੇ ਤੁਰ ਕੇ ਪ੍ਰਭੂ ਦਾ ਅੰਮ੍ਰਿਤ-ਨਾਮ ਚੱਖਿਆ ॥੩॥
16156	352	ਚਲਤਉ ਮਨੁ ਰਾਖੈ ਅੰਮ੍ਰਿਤੁ ਚਾਖੈ॥	ਚੱਲ-ਤਉ। ਚੱਾਖੈ	Chalatho Man Raakhai Anmrith Chaakhai ||	The unstable mind is restrained by tasting this Nectar.	ਜੋ ਮਨੁੱਖ ਪਰਮਾਤਮਾ ਦਾ ਸਦਾ-ਥਿਰ ਰਹਿਣ ਵਾਲਾ ਨਾਮ-ਰਸ ਚੱਖਦਾ ਹੈ, ਤੇ ਚੰਚਲ ਮਨ ਨੂੰ ਕਾਬੂ ਵਿਚ ਰੱਖਦਾ ਹੈ,

16157	352	ਸਤਿਗੁਰ ਸੇਵਿ ਅੰਮ੍ਰਿਤ ਸਬਦੁ ਭਾਖੈ॥	(ਭਾਖੈ) ਉਚਾਰੇ	Sathigur Saev Anmrith Sabadh Bhaakhai ||	Serving the True Guru, one comes to cherish the Ambrosial Nectar of the Shabad.	ਜੋ ਮਨੁੱਖ ਗੁਰੂ ਦੀ ਸਿੱਖਿਆ ਉਤੇ ਤੁਰ ਕੇ ਅਟੱਲ ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਹੈ,
16158	352	ਸਾਚੈ ਸਬਦਿ ਮੁਕਤਿ ਗਤਿ ਪਾਏ॥		Saachai Sabadh Mukath Gath Paaeae ||	Through the True Word of the Shabad, the state of liberation is obtained.	ਉਹ ਮਨੁੱਖ ਇਸ ਸੱਚੀ ਬਾਣੀ ਦੀ ਰਾਹੀਂ ਵਿਕਾਰਾਂ ਤੋਂ ਖ਼ਲਾਸੀ ਹਾਸਲ ਕਰ ਲੈਂਦਾ ਹੈ, ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲੈਂਦਾ ਹੈ,
16159	352	ਨਾਨਕ ਵਿਚਹੁ ਆਪੁ ਗਵਾਏ॥੪॥੧੩॥		Naanak Vichahu Aap Gavaaeae ||4||13||	O Nanak, self-conceit is eradicated from within. ||4||13||	ਤੇ, ਹੇ ਨਾਨਕ! ਉਹ ਆਪਣੇ ਅੰਦਰੋਂ (ਆਪਣੀ ਸਿਆਣਪ ਦਾ) ਅਹੰਕਾਰ ਦੂਰ ਕਰ ਲੈਂਦਾ ਹੈ ॥੪॥੧੩॥
16160	352	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16161	352	ਜੋ ਤਿਨਿ ਕੀਆ ਸੋ ਸਚੁ ਥੀਆ॥		Jo Thin Keeaa So Sach Thheeaa ||	Whatever He has done, has proved to be true.	ਜਿਸ ਜੀਵ ਨੂੰ ਉਸ ਪਰਮਾਤਮਾ ਨੇ ਆਪਣਾ ਬਣਾ ਲਿਆ, ਉਹ ਉਸ ਸਦਾ-ਥਿਰ ਪ੍ਰਭੂ ਦਾ ਰੂਪ ਹੀ ਬਣ ਗਿਆ।
16162	352	ਅੰਮ੍ਰਿਤ ਨਾਮੁ ਸਤਿਗੁਰਿ ਦੀਆ॥		Anmrith Naam Sathigur Dheeaa ||	The True Guru bestows the Ambrosial Naam, the Name of the Lord.	ਉਸ ਨੂੰ ਸਤਿਗੁਰੂ ਨੇ ਅਟੱਲ ਆਤਮਕ ਜੀਵਨ ਦੇਣ ਵਾਲਾ ਹਰੀ-ਨਾਮ ਦੇ ਦਿੱਤਾ।
16163	352	ਹਿਰਦੈ ਨਾਮੁ ਨਾਹੀ ਮਨਿ ਭੰਗੁ॥	(ਭੰਗੁ) ਤੋਟਾ	Hiradhai Naam Naahee Man Bhang ||	With the Naam in the heart, the mind is not separated from the Lord.	ਉਸ ਜੀਵ ਦੇ ਹਿਰਦੇ ਵਿਚ (ਸਦਾ ਪ੍ਰਭੂ ਦਾ) ਨਾਮ ਵੱਸਦਾ ਹੈ, ਉਸ ਦੇ ਮਨ ਵਿਚ ਪ੍ਰਭੂ-ਚਰਨਾਂ ਨਾਲੋਂ ਕਦੇ ਵਿਛੋੜਾ ਨਹੀਂ ਹੁੰਦਾ,

16164	352	ਅਨ ਦਿਨੁ ਨਾਲਿ ਪਿਆਰੇ ਸੰਗੁ॥੧॥		Anadhin Naal Piaarae Sang ||1||	Night and day, one dwells with the Beloved. ||1||	ਹਰ ਰੋਜ਼ (ਹਰ ਵੇਲੇ) ਪਿਆਰੇ ਪ੍ਰਭੂ ਨਾਲ ਉਸ ਦਾ ਸਾਥ ਬਣਿਆ ਰਹਿੰਦਾ ਹੈ ॥੧॥
16165	352	ਹਰਿ ਜੀਉ ਰਾਖਹੁ ਅਪਨੀ ਸਰਣਾਈ॥		Har Jeeo Raakhahu Apanee Saranaaee ||	O Lord, please keep me in the Protection of Your Sanctuary.	ਹੇ ਪ੍ਰਭੂ ਜੀ! ਜਿਸ ਮਨੁੱਖ ਨੂੰ ਤੂੰ ਆਪਣੀ ਸਰਨ ਵਿਚ ਰੱਖਦਾ ਹੈਂ,
16166	353	ਗੁਰ ਪਰਸਾਦੀ ਹਰਿ ਰਸੁ ਪਾਇਆ ਨਾਮੁ ਪਦਾਰਥੁ ਨਉ ਨਿਧਿ ਪਾਈ॥੧॥ਰਹਾਉ॥		Gur Parasaadhee Har Ras Paaeiaa Naam Padhaarathh No Nidhh Paaee ||1|| Rehaao ||	By Guru's Grace, I have obtained the sublime essence of the Lord; I have received the wealth of the Naam and the nine treasures. ||1||Pause||	ਗੁਰੂ ਦੀ ਕਿਰਪਾ ਨਾਲ ਉਹ ਤੇਰੇ ਨਾਮ ਦਾ ਸੁਆਦ ਚੱਖ ਲੈਂਦਾ ਹੈ; ਉਸ ਨੂੰ ਤੇਰਾ ਉੱਤਮ ਨਾਮ ਮਿਲ ਜਾਂਦਾ ਹੈ (ਜੋ ਉਸ ਦੇ ਵਾਸਤੇ, ਮਾਨੋ) ਨੌ ਖ਼ਜ਼ਾਨੇ ਹਨ (ਭਾਵ, ਧਰਤੀ ਦਾ ਸਾਰਾ ਹੀ ਧਨ-ਪਦਾਰਥ ਨਾਮ ਦੇ ਟਾਕਰੇ ਤੇ ਉਸ ਨੂੰ ਤੁੱਛ ਜਾਪਦਾ ਹੈ) ॥੧॥ ਰਹਾਉ ॥
16167	353	ਕਰਮ ਧਰਮ ਸਚੁ ਸਾਚਾ ਨਾਉ॥		Karam Dhharam Sach Saachaa Naao ||	Those whose karma and Dharma - whose actions and faith - are in the True Name of the True Lord	ਜੋ ਪ੍ਰਭੂ ਦੇ ਸਦਾ-ਥਿਰ ਨਾਮ ਨੂੰ ਹੀ ਸਭ ਤੋਂ ਸ੍ਰੇਸ਼ਟ ਕਰਮ ਤੇ ਧਾਰਮਿਕ ਫ਼ਰਜ਼ ਸਮਝਦਾ ਹੈ,
16168	353	ਤਾ ਕੈ ਸਦ ਬਲਿਹਾਰੈ ਜਾਉ॥		Thaa Kai Sadh Balihaarai Jaao ||	I am forever a sacrifice to them.	ਮੈਂ ਉਸ ਮਨੁੱਖ ਤੋਂ ਸਦਕੇ ਜਾਂਦਾ ਹਾਂ।
16169	353	ਜੋ ਹਰਿ ਰਾਤੇ ਸੇ ਜਨ ਪਰਵਾਣੁ॥		Jo Har Raathae Sae Jan Paravaan ||	Those who are imbued with the Lord are accepted and respected.	ਪ੍ਰਭੂ ਦੀ ਹਜ਼ੂਰੀ ਵਿਚ ਉਹੀ ਮਨੁੱਖ ਕਬੂਲ ਹਨ ਜੋ ਪ੍ਰਭੂ ਦੇ ਪਿਆਰ ਵਿਚ ਰੰਗੇ ਰਹਿੰਦੇ ਹਨ।

16170	353	ਤਿਨ ਕੀ ਸੰਗਤਿ ਪਰਮ ਨਿਧਾਨੁ॥੨॥		Thin Kee Sangath Param Nidhhaan ||2||	In their company, the supreme wealth is obtained. ||2||	ਉਹਨਾਂ ਦੀ ਸੰਗਤਿ ਕੀਤਿਆਂ ਸਭ ਤੋਂ ਕੀਮਤੀ (ਨਾਮ) ਖ਼ਜ਼ਾਨਾ ਮਿਲਦਾ ਹੈ ॥੨॥
16171	353	ਹਰਿ ਵਰੁ ਜਿਨਿ ਪਾਇਆ ਧਨ ਨਾਰੀ॥		Har Var Jin Paaeiaa Dhhan Naaree ||	Blessed is that bride, who has obtained the Lord as her Husband.	ਉਹ ਜੀਵ-ਇਸਤ੍ਰੀ ਭਾਗਾਂ ਵਾਲੀ ਹੈ ਜਿਸ ਨੇ ਪ੍ਰਭੂ-ਪਤੀ (ਆਪਣੇ ਹਿਰਦੇ ਵਿਚ) ਲੱਭ ਲਿਆ ਹੈ,
16172	353	ਹਰਿ ਸਿਉ ਰਾਤੀ ਸਬਦੁ ਵੀਚਾਰੀ॥		Har Sio Raathee Sabadh Veechaaree ||	She is imbued with the Lord, and she reflects upon the Word of His Shabad.	ਜੋ ਪ੍ਰਭੂ ਦੇ ਪਿਆਰ ਵਿਚ ਰੰਗੀ ਰਹਿੰਦੀ ਹੈ, ਜੋ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਨੂੰ (ਆਪਣੇ ਮਨ ਵਿਚ) ਵਿਚਾਰਦੀ ਹੈ।
16173	353	ਆਪਿ ਤਰੈ ਸੰਗਤਿ ਕੁਲ ਤਾਰੈ॥		Aap Tharai Sangath Kul Thaarai ||	She saves herself, and saves her family and friends as well.	ਉਹ ਜੀਵ-ਇਸਤ੍ਰੀ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੀ ਹੈ, ਅਤੇ ਆਪਣੀ ਸੰਗਤ ਵਿਚ ਆਪਣੀ ਕੁਲ ਨੂੰ ਤਾਰ ਲੈਂਦੀ ਹੈ,
16174	353	ਸਤਿਗੁਰੁ ਸੇਵਿ ਤਤੁ ਵੀਚਾਰੈ॥੩॥		Sathigur Saev Thath Veechaarai ||3||	She serves the True Guru, and contemplates the essence of reality. ||3||	ਸਤਿਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ ਮਨੁੱਖਾ ਜਨਮ ਦਾ ਅਸਲ ਲਾਭ ਉਹ ਆਪਣੀਆਂ ਅੱਖਾਂ ਦੇ ਸਾਹਮਣੇ ਰੱਖਦੀ ਹੈ ॥੩॥

16175	353	ਹਮਰੀ ਜਾਤਿ ਪਤਿ ਸਚੁ ਨਾਉ॥		Hamaree Jaath Path Sach Naao ||	The True Name is my social status and honor.	(ਦੁਨੀਆ ਵਿਚ ਕਿਸੇ ਨੂੰ ਉੱਚੀ ਜਾਤਿ ਦਾ ਮਾਣ ਹੈ ਕਿਸੇ ਨੂੰ ਉੱਚੀ ਕੁਲ ਦਾ ਧਰਵਾਸ ਹੈ। ਹੇ ਪ੍ਰਭੂ! ਮੇਹਰ ਕਰ) ਤੇਰਾ ਸਦਾ-ਥਿਰ ਰਹਿਣ ਵਾਲਾ ਨਾਮ ਹੀ ਮੇਰੇ ਵਾਸਤੇ ਉੱਚੀ ਜਾਤਿ ਤੇ ਕੁਲ ਹੋਵੇ,
16176	353	ਕਰਮ ਧਰਮ ਸੰਜਮੁ ਸਤਭਾਉ॥	(ਸੱਤਭਾਉ) ਨਿਸਚਾ, ਸੱਚਾ ਪ੍ਰੇਮ। (ਦੂਜਾ ਪਾਠ: ਸਤ ਭਾਉ)	Karam Dhharam Sanjam Sath Bhaao ||	The love of the Truth is my karma and Dharma - my faith and my actions, and my self-control.	ਤੇਰਾ ਸੱਚਾ ਪਿਆਰ ਹੀ ਮੇਰੇ ਲਈ ਧਾਰਮਿਕ ਕਰਮ, ਧਰਮ ਤੇ ਜੀਵਨ-ਜੁਗਤਿ ਹੋਵੇ।
16177	353	ਨਾਨਕ ਬਖਸੇ ਪੂਛ ਨ ਹੋਇ॥		Naanak Bakhasae Pooshh N Hoe ||	O Nanak, one who is forgiven by the Lord is not called to account.	ਹੇ ਨਾਨਕ! ਜਿਸ ਮਨੁੱਖ ਉੱਤੇ ਪ੍ਰਭੂ ਆਪਣੇ ਨਾਮ ਦੀ ਬਖ਼ਸ਼ਸ਼ ਕਰਦਾ ਹੈ (ਉਸ ਦਾ ਜਨਮਾਂ ਜਨਮਾਂਤਰਾਂ ਦਾ ਕਰਮਾਂ ਦਾ ਲੇਖਾ ਨਿਬੜ ਜਾਂਦਾ ਹੈ) ਉਸ ਪਾਸੋਂ (ਫਿਰ) ਕੀਤੇ ਕਰਮਾਂ ਦਾ ਲੇਖਾ ਨਹੀਂ ਪੁੱਛਿਆ ਜਾਂਦਾ,
16178	353	ਦੂਜਾ ਮੇਟੇ ਏਕੋ ਸੋਇ॥੪॥੧੪॥		Dhoojaa Maettae Eaeko Soe ||4||14||	The One Lord erases duality. ||4||14||	ਉਸ ਨੂੰ (ਹਰ ਪਾਸੇ) ਇਕ ਪ੍ਰਭੂ ਹੀ ਦਿੱਸਦਾ ਹੈ, ਪ੍ਰਭੂ ਤੋਂ ਬਿਨਾ ਕਿਸੇ ਹੋਰ ਦੀ ਹੋਂਦ ਦਾ ਖ਼ਿਆਲ ਹੀ ਉਸ ਦੇ ਅੰਦਰੋਂ ਮਿਟ ਜਾਂਦਾ ਹੈ ॥੪॥੧੪॥
16179	353	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	

16180	353	ਇਕਿ ਆਵਹਿ ਇਕਿ ਜਾਵਹਿ ਆਈ॥		Eik Aavehi Eik Jaavehi Aaee ||	Some come, and after they come, they go.	ਅਨੇਕਾਂ ਜੀਵ ਜਗਤ ਵਿਚ ਜਨਮ ਲੈਂਦੇ ਹਨ ਤੇ (ਉੱਚੀ ਆਤਮਕ ਅਵਸਥਾ ਦੀ ਪ੍ਰਾਪਤੀ ਤੋਂ ਬਿਨਾ) ਨਿਰੇ ਜੰਮਦੇ ਹੀ ਹਨ ਤੇ (ਫਿਰ ਇਥੋਂ) ਚਲੇ ਜਾਂਦੇ ਹਨ।
16181	353	ਇਕਿ ਹਰਿ ਰਾਤੇ ਰਹਹਿ ਸਮਾਈ॥	ਰਹ-ਹਿ	Eik Har Raathae Rehehi Samaaee ||	Some are imbued with the Lord; they remain absorbed in Him.	ਪਰ ਇਕ (ਸੁਭਾਗੇ ਐਸੇ) ਹਨ ਜੋ ਪ੍ਰਭੂ ਦੇ ਪਿਆਰ ਵਿਚ ਰੰਗੇ ਰਹਿੰਦੇ ਹਨ ਤੇ ਪ੍ਰਭੂ ਦੀ ਯਾਦ ਵਿਚ ਰਹਿੰਦੇ ਹਨ।
16182	353	ਇਕਿ ਧਰਨਿ ਗਗਨ ਮਹਿ ਠਉਰ ਨ ਪਾਵਹਿ॥		Eik Dhharan Gagan Mehi Thour N Paavehi ||	Some find no place of rest at all, on the earth or in the sky.	(ਪਰ) ਉਹਨਾਂ ਨੂੰ ਸਾਰੀ ਸ੍ਰਿਸ਼ਟੀ ਵਿਚ ਕਿਤੇ ਸ਼ਾਂਤੀ ਲਈ ਥਾਂ ਨਹੀਂ ਲੱਭਦੀ,
16183	353	ਸੇ ਕਰਮਹੀਣ ਹਰਿ ਨਾਮੁ ਨ ਧਿਆਵਹਿ॥੧॥	(ਕਰਮਹੀਣ) ਮੰਦਭਾਗੀ	Sae Karameheen Har Naam N Dhhiaavehi ||1||	Those who do not meditate on the Name of the Lord are the most unfortunate. ||1||	ਜੇਹੜੇ ਬੰਦੇ ਪ੍ਰਭੂ ਦਾ ਨਾਮ ਨਹੀਂ ਸਿਮਰਦੇ ਹਨ ਉਹ ਅਭਾਗੇ ਹਨ (ਉਹਨਾਂ ਦੇ ਮਨ ਸਦਾ ਭਟਕਦੇ ਰਹਿੰਦੇ ਹਨ) ॥੧॥
16184	353	ਗੁਰ ਪੂਰੇ ਤੇ ਗਤਿ ਮਿਤਿ ਪਾਈ॥		Gur Poorae Thae Gath Mith Paaee ||	From the Perfect Guru, the way to salvation is obtained.	ਉੱਚੇ ਆਤਮਕ ਜੀਵਨ ਦੀ ਮਰਯਾਦਾ ਪੂਰੇ ਗੁਰੂ ਤੋਂ ਹੀ ਮਿਲਦੀ ਹੈ।

16185	353	ਇਹੁ ਸੰਸਾਰੁ ਬਿਖੁ ਵਤ ਅਤਿ ਭਉਜਲੁ ਗੁਰ ਸਬਦੀ ਹਰਿ ਪਾਰਿ ਲੰਘਾਈ॥੧॥ਰਹਾਉ ॥	ਬਿਖੁ, ਵਤ, ਅਤਿ: ਪੋਲੇ ਬੋਲੋ। ਭਉ-ਜਲੁ	Eihu Sansaar Bikh Vath Ath Bhoujal Gur Sabadhee Har Paar Langhaaee ||1|| Rehaao ||	This world is a terrifying ocean of poison; through the Word of the Guru's Shabad, the Lord helps us cross over. ||1||Pause||	ਇਹ ਸੰਸਾਰ ਇਕ ਬਹਤ ਵਿਹੁਲੀ ਘੁੰਮਣਘੇਰੀ ਹੈ, ਪਰਮਾਤਮਾ ਗੁਰੂ ਦੇ ਸ਼ਬਦ ਵਿਚ ਜੋੜ ਕੇ (ਤੇ ਉੱਚਾ ਆਤਮਕ ਜੀਵਨ ਬਖ਼ਸ਼ ਕੇ) ਇਸ ਵਿਚੋਂ ਪਾਰ ਲੰਘਾਂਦਾ ਹੈ ॥੧॥ ਰਹਾਉ ॥
16186	353	ਜਿਨ ਕਉ ਆਪਿ ਲਏ ਪ੍ਰਭੁ ਮੇਲਿ॥		Jinh Ko Aap Leae Prabh Mael ||	Those, whom God unites with Himself,	ਜਿਨ੍ਹਾਂ ਬੰਦਿਆਂ ਨੂੰ ਪ੍ਰਭੂ ਆਪ ਆਪਣੀ ਯਾਦ ਵਿਚ ਜੋੜਦਾ ਹੈ,
16187	353	ਤਿਨ ਕਉ ਕਾਲੁ ਨ ਸਾਕੈ ਪੇਲਿ॥	(ਪੇਲਿ) ਦਬਾਉਂਦਾ	Thin Ko Kaal N Saakai Pael ||	Cannot be crushed by death.	ਉਹਨਾਂ ਨੂੰ ਮੌਤ ਦਾ ਡਰ ਢਾਹ ਨਹੀਂ ਸਕਦਾ।
16188	353	ਗੁਰਮੁਖਿ ਨਿਰਮਲ ਰਹਹਿ ਪਿਆਰੇ॥	ਰਹ-ਹਿ	Guramukh Niramal Rehehi Piaarae ||	The beloved Gurmukhs remain immaculately pure,	ਗੁਰੂ ਦੇ ਸਨਮੁਖ ਰਹਿ ਕੇ (ਮਾਇਆ ਵਿਚ ਵਰਤਦੇ ਹੋਏ ਭੀ) ਉਹ ਪਿਆਰੇ ਇਉਂ ਪਵਿਤ੍ਰ-ਆਤਮਾ ਰਹਿੰਦੇ ਹਨ,
16189	353	ਜਿਉ ਜਲ ਅੰਭ ਊਪਰਿ ਕਮਲ ਨਿਰਾਰੇ॥੨॥	(ਅੰਭ) ਪਾਣੀ	Jio Jal Anbh Oopar Kamal Niraarae ||2||	Like the lotus in the water, which remains untouched. ||2||	ਜਿਵੇਂ ਪਾਣੀ ਵਿਚ ਕੌਲ-ਫੁੱਲ ਨਿਰਲੇਪ ਰਹਿੰਦੇ ਹਨ ॥੨॥
16190	353	ਬੁਰਾ ਭਲਾ ਕਹੁ ਕਿਸ ਨੋ ਕਹੀਐ॥		Buraa Bhalaa Kahu Kis No Keheeai ||	Tell me: who should we call good or bad?	ਪਰ ਨਾਹ ਕਿਸੇ ਨੂੰ ਮਾੜਾ ਤੇ ਨਾਹ ਕਿਸੇ ਨੂੰ ਚੰਗਾ ਕਿਹਾ ਜਾ ਸਕਦਾ ਹੈ,

16191	353	ਦੀਸੈ ਬ੍ਰਹਮੁ ਗੁਰਮੁਖਿ ਸਚੁ ਲਹੀਐ॥		Dheesai Breham Guramukh Sach Leheeai ||	Behold the Lord God; the truth is revealed to the Gurmukh.	ਕਿਉਂਕਿ ਹਰੇਕ ਵਿਚ ਪਰਮਾਤਮਾ ਹੀ ਵੱਸਦਾ ਦਿੱਸਦਾ ਹੈ। ਹਾਂ, ਉਹ ਸਦਾ-ਥਿਰ ਪ੍ਰਭੂ ਲੱਭਦਾ ਹੈ ਗੁਰੂ ਦੇ ਸਨਮੁਖ ਹੋਇਆਂ ਹੀ।
16192	353	ਅਕਥੁ ਕਥਉ ਗੁਰਮਤਿ ਵੀਚਾਰੁ॥	ਅ-ਕਥੁ: ਪੋਲਾ ਬੋਲੋ	Akathh Kathho Guramath Veechaar ||	I speak the Unspoken Speech of the Lord, contemplating the Guru's Teachings.	ਪਰਮਾਤਮਾ ਦਾ ਸਰੂਪ ਬਿਆਨ ਤੋਂ ਪਰੇ ਹੈ, ਗੁਰੂ ਦੀ ਮਤਿ ਲਿਆਂ ਹੀ ਮੈਂ ਉਸ ਦੇ (ਕੁਝ) ਗੁਣ ਕਹਿ ਸਕਦਾ ਹਾਂ ਤੇ ਵਿਚਾਰ ਸਕਦਾ ਹਾਂ।
16193	353	ਮਿਲਿ ਗੁਰ ਸੰਗਤਿ ਪਾਵਉ ਪਾਰੁ॥੩॥		Mil Gur Sangath Paavo Paar ||3||	I join the Sangat, the Guru's Congregation, and I find God's limits. ||3||	ਗੁਰੂ ਦੀ ਸੰਗਤਿ ਵਿਚ ਰਹਿ ਕੇ ਹੀ ਮੈਂ (ਇਸ ਵਿਹੁਲੀ ਘੁੰਮਣਘੇਰੀ ਦਾ) ਪਾਰਲਾ ਬੰਨਾ ਲੱਭ ਸਕਦਾ ਹਾਂ ॥੩॥
16194	353	ਸਾਸਤ ਬੇਦ ਸਿੰਮ੍ਰਿਤਿ ਬਹੁ ਭੇਦ॥	ਸਿੰਮ-ਰ੍ਿਤਿ	Saasath Baedh Sinmrith Bahu Bhaedh ||	The Shaastras, the Vedas, the Simritees and all their many secrets;	(ਹੇ ਭਾਈ!) ਪਰਮਾਤਮਾ ਦੇ ਨਾਮ ਦਾ ਆਨੰਦ ਹਿਰਦੇ ਵਿਚ ਮਾਣੋ-
16195	353	ਅਠਸਠਿ ਮਜਨੁ ਹਰਿ ਰਸੁ ਰੇਦ॥	(ਰੇਦ) ਹਿਰਦੇ ਚ। ਅੱਠਸਠਿ ਮੱਜਨੁ	Athasath Majan Har Ras Raedh ||	Bathing at the sixty-eight holy places of pilgrimage - all this is found by enshrining the sublime essence of the Lord in the heart.	ਇਹੀ ਹੈ ਵੇਦਾਂ ਸ਼ਾਸਤ੍ਰਾਂ ਸਿਮ੍ਰਿਤੀਆਂ ਦੇ ਵਖ ਵਖ ਵਿਚਾਰ ਵਿਚਾਰਨੇ, ਇਹੀ ਹੈ ਅਠਾਹਠ ਤੀਰਥਾਂ ਦਾ ਇਸ਼ਨਾਨ।

16196	353	ਗੁਰਮੁਖਿ ਨਿਰਮਲੁ ਮੈਲੁ ਨ ਲਾਗੈ॥		Guramukh Niramal Mail N Laagai ||	The Gurmukhs are immaculately pure; no filth sticks to them.	ਗੁਰੂ ਦੇ ਸਨਮੁਖ ਰਹਿ ਕੇ (ਨਾਮ ਦਾ ਆਨੰਦ ਲਿਆਂ) ਜੀਵਨ ਪਵਿਤ੍ਰ ਰਹਿੰਦਾ ਹੈ ਤੇ ਵਿਕਾਰਾਂ ਦੀ ਮੈਲ ਨਹੀਂ ਲਗਦੀ।
16197	353	ਨਾਨਕ ਹਿਰਦੈ ਨਾਮੁ ਵਡੇ ਧੁਰਿ ਭਾਗੈ॥੪॥੧੫॥		Naanak Hiradhai Naam Vaddae Dhhur Bhaagai ||4||15||	O Nanak, the Naam, the Name of the Lord, abides in the heart, by the greatest pre-ordained destiny. ||4||15||	ਹੇ ਨਾਨਕ! ਧੁਰੋਂ ਪਰਮਾਤਮਾ ਵਲੋਂ ਹੀ ਮੇਹਰ ਹੋਵੇ ਤਾਂ ਨਾਮ ਹਿਰਦੇ ਵਿਚ ਵੱਸਦਾ ਹੈ ॥੪॥੧੫॥
16198	353	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16199	353	ਨਿਵਿ ਨਿਵਿ ਪਾਇ ਲਗਉ ਗੁਰ ਅਪੁਨੇ ਆਤਮ ਰਾਮੁ ਨਿਹਾਰਿਆ॥	(ਨਿਹਾਰਿਆ) ਦੇਖਿਆ	Niv Niv Paae Lago Gur Apunae Aatham Raam Nihaariaa ||	Bowing down, again and again, I fall at the Feet of my Guru; through Him, I have seen the Lord, the Divine Self, within.	ਮੈਂ ਮੁੜ ਮੁੜ ਆਪਣੇ ਗੁਰੂ ਦੇ ਚਰਨੀ ਲਗਦਾ ਹਾਂ, (ਗੁਰੂ ਦੀ ਕਿਰਪਾ ਨਾਲ) ਮੈਂ ਆਪਣੇ ਅੰਦਰ ਵੱਸਦਾ ਹੋਇਆ ਰਾਮ ਵੇਖ ਲਿਆ ਹੈ।
16200	353	ਕਰਤ ਬੀਚਾਰੁ ਹਿਰਦੈ ਹਰਿ ਰਵਿਆ ਹਿਰਦੈ ਦੇਖਿ ਬੀਚਾਰਿਆ॥੧॥		Karath Beechaar Hiradhai Har Raviaa Hiradhai Dhaekh Beechaariaa ||1||	Through contemplation and meditation, the Lord dwells within the heart; see this, and understand. ||1||	(ਗੁਰੂ ਦੀ ਸਹਾਇਤਾ ਨਾਲ) ਪਰਮਾਤਮਾ ਦੇ ਗੁਣਾਂ ਦਾ ਵਿਚਾਰ ਕਰ ਕੇ ਮੈਂ ਉਸ ਨੂੰ ਆਪਣੇ ਹਿਰਦੇ ਵਿਚ ਸਿਮਰ ਰਿਹਾ ਹਾਂ, ਹਿਰਦੇ ਵਿਚ ਮੈਂ ਉਸ ਦਾ ਦੀਦਾਰ ਕਰ ਰਿਹਾ ਹਾਂ, ਉਸ ਦੀਆਂ ਸਿਫ਼ਤਾਂ ਨੂੰ ਵਿਚਾਰ ਰਿਹਾ ਹਾਂ ॥੧॥

16201	353	ਬੋਲਹੁ ਰਾਮੁ ਕਰੇ ਨਿਸਤਾਰਾ॥		Bolahu Raam Karae Nisathaaraa ||	So speak the Lord's Name, which shall emancipate you.	(ਹੇ ਭਾਈ!) ਪਰਮਾਤਮਾ ਦਾ ਨਾਮ ਸਿਮਰੋ, ਸਿਮਰਨ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ।
16202	353	ਗੁਰ ਪਰਸਾਦਿ ਰਤਨੁ ਹਰਿ ਲਾਭੈ ਮਿਟੈ ਅਗਿਆਨੁ ਹੋਇ ਉਜੀਆਰਾ॥੧॥ਰਹਾਉ॥	ਉਜੀ–ਆਰਾ	Gur Parasaadh Rathan Har Laabhai Mittai Agiaan Hoe Oujeeaaraa ||1|| Rehaao ||	By Guru's Grace, the jewel of the Lord is found; ignorance is dispelled, and the Divine Light shines forth. ||1||Pause||	ਜਦੋਂ ਗੁਰੂ ਦੀ ਕਿਰਪਾ ਨਾਲ ਕੀਮਤੀ ਹਰੀ-ਨਾਮ ਲੱਭ ਪੈਂਦਾ ਹੈ ਅੰਦਰੋਂ ਅਗਿਆਨਤਾ ਦਾ ਹਨੇਰਾ ਮਿਟ ਜਾਂਦਾ ਹੈ, ਤੇ ਗਿਆਨ ਦਾ ਚਾਨਣ ਹੋ ਜਾਂਦਾ ਹੈ ॥੧॥ ਰਹਾਉ ॥
16203	353	ਰਵਨੀ ਰਵੈ ਬੰਧਨ ਨਹੀ ਤੂਟਹਿ ਵਿਚਿ ਹਉਮੈ ਭਰਮੁ ਨ ਜਾਈ॥	(ਰਵਨੀ) ਜ਼ਬਾਨੀ। (ਰਵੈ) ਬੋਲਦਾ	Ravanee Ravai Bandhhan Nehee Thoottehi Vich Houmai Bharam N Jaaee ||	By merely saying it with the tongue, one's bonds are not broken, and egotism and doubt do not depart from within.	(ਜੇਹੜਾ ਮਨੁੱਖ ਸਿਮਰਨ ਤਾਂ ਨਹੀਂ ਕਰਦਾ, ਪਰ) ਨਿਰੀਆਂ ਜ਼ਬਾਨੀ ਜ਼ਬਾਨੀ (ਬ੍ਰਹਮ-ਗਿਆਨ ਦੀਆਂ) ਗੱਲਾਂ ਕਰਦਾ ਹੈ, ਉਸ ਦੇ (ਮਾਇਆ ਵਾਲੇ) ਬੰਧਨ ਟੁੱਟਦੇ ਨਹੀਂ ਹਨ, ਉਹ ਹਉਮੈ ਵਿਚ ਹੀ ਫਸਿਆ ਰਹਿੰਦਾ ਹੈ (ਭਾਵ, ਮੈਂ ਵੱਡਾ ਬਣ ਜਾਵਾਂ ਮੈਂ ਵੱਡਾ ਬਣ ਜਾਵਾਂ-ਇਸੇ ਘੁੰਮਣਘੇਰੀ ਵਿਚ ਰਹਿੰਦਾ ਹੈ), ਉਸ ਦੇ ਮਨ ਦੀ ਭਟਕਣਾ ਦੂਰ ਨਹੀਂ ਹੁੰਦੀ।

16204	353	ਸਤਿਗੁਰੁ ਮਿਲੈ ਤ ਹਉਮੈ ਤੂਟੈ ਤਾ ਕੋ ਲੇਖੈ ਪਾਈ॥੨॥		Sathigur Milai Th Houmai Thoottai Thaa Ko Laekhai Paaee ||2||	But when one meets the True Guru, egotism departs, and then, one realizes his destiny. ||2||	ਜਦੋਂ ਪੂਰਾ ਗੁਰੂ ਮਿਲੇ ਤਦੋਂ ਹੀ ਹਉਮੈ ਟੁੱਟਦੀ ਹੈ, ਤਦੋਂ ਹੀ ਮਨੁੱਖ (ਪ੍ਰਭੂ ਦੀ ਹਜ਼ੂਰੀ ਵਿਚ) ਪਰਵਾਨ ਹੁੰਦਾ ਹੈ ॥੨॥
16205	353	ਹਰਿ ਹਰਿ ਨਾਮੁ ਭਗਤਿ ਪ੍ਰਿਅ ਪ੍ਰੀਤਮੁ ਸੁਖਸਾਗਰੁ ਉਰ ਧਾਰੇ॥		Har Har Naam Bhagath Pria Preetham Sukh Saagar Our Dhhaarae ||	The Name of the Lord, Har, Har, is sweet and dear to His devotees; it is the ocean of peace - enshrine it within the heart.	ਜੇਹੜਾ ਮਨੁੱਖ ਹਰੀ-ਨਾਮ ਸਿਮਰਦਾ ਹੈ, ਪਿਆਰੇ ਦੀ ਭਗਤੀ ਕਰਦਾ ਹੈ, ਸੁਖਾਂ ਦੇ ਸਮੁੰਦਰ ਪ੍ਰੀਤਮ-ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਂਦਾ ਹੈ,
16206	353	ਭਗਤਿ ਵਛਲੁ ਜਗਜੀਵਨੁ ਦਾਤਾ ਮਤਿ ਗੁਰਮਤਿ ਹਰਿ ਨਿਸਤਾਰੇ॥੩॥	ਜੱਗਜੀਵਨੁ	Bhagath Vashhal Jagajeevan Dhaathaa Math Guramath Har Nisathaarae ||3||	The Lover of His devotees, the Life of the World, the Lord bestows the Guru's Teachings upon the intellect, and one is emancipated. ||3||	ਉਸ ਮਨੁੱਖ ਨੂੰ ਭਗਤੀ ਨੂੰ ਪਿਆਰ ਕਰਨ ਵਾਲਾ ਪ੍ਰਭੂ ਜਗਤ ਦੀ ਜ਼ਿੰਦਗੀ ਦਾ ਆਸਰਾ ਪ੍ਰਭੂ ਸ੍ਰੇਸ਼ਟ ਮਤਿ ਦੇਣ ਵਾਲਾ ਪ੍ਰਭੂ ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੩॥
16207	353	ਮਨ ਸਿਉ ਜੂਝਿ ਮਰੈ ਪ੍ਰਭੁ ਪਾਏ ਮਨਸਾ ਮਨਹਿ ਸਮਾਏ॥		Man Sio Joojh Marai Prabh Paaeae Manasaa Manehi Samaaeae ||	One who dies fighting against his own stubborn mind finds God, and the desires of the mind are quieted.	ਜੇਹੜਾ ਜੀਵ ਆਪਣੇ ਮਨ ਨਾਲ ਤਕੜਾ ਟਾਕਰਾ ਕਰ ਕੇ ਹਉਮੈ ਵਲੋਂ ਮਰ ਜਾਂਦਾ ਹੈ (ਭਾਵ, ਹਉਮੈ ਨੂੰ ਮੁਕਾ ਲੈਂਦਾ ਹੈ), ਮਨ ਦੇ ਫੁਰਨੇ ਨੂੰ ਮਨ ਦੇ ਅੰਦਰ ਹੀ (ਪ੍ਰਭੂ ਦੀ ਯਾਦ ਵਿਚ) ਲੀਨ ਕਰ ਦੇਂਦਾ ਹੈ, ਉਹ ਪ੍ਰਭੂ ਨੂੰ ਲੱਭ ਲੈਂਦਾ ਹੈ।

16208	353	ਨਾਨਕ ਕ੍ਰਿਪਾ ਕਰੇ ਜਗਜੀਵਨੁ ਸਹਜ ਭਾਇ ਲਿਵ ਲਾਏ॥੪॥੧੬॥		Naanak Kirapaa Karae Jagajeevan Sehaj Bhaae Liv Laaeae ||4||16||	O Nanak, if the Life of the World bestows His Mercy, one is intuitively attuned to the Love of the Lord. ||4||16||	ਹੇ ਨਾਨਕ! ਜਗਤ ਦਾ ਜੀਵਨ ਪ੍ਰਭੂ ਜਿਸ ਮਨੁੱਖ ਉਤੇ ਮੇਹਰ ਕਰਦਾ ਹੈ, ਉਹ ਅਡੋਲ-ਚਿੱਤ ਰਹਿ ਕੇ (ਪ੍ਰਭੂ-ਚਰਨਾਂ ਵਿਚ) ਜੁੜਿਆ ਰਹਿੰਦਾ ਹੈ ॥੪॥੧੬॥
16209	353	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16210	353	ਕਿਸ ਕਉ ਕਹਹਿ ਸੁਣਾਵਹਿ ਕਿਸ ਕਉ ਕਿਸੁ ਸਮਝਾਵਹਿ ਸਮਝਿ ਰਹੇ॥	ਕਹ-ਹਿ, ਸੁਣਾਵ-ਹਿ, ਸਮਝਾਵ-ਹਿ	Kis Ko Kehehi Sunaavehi Kis Ko Kis Samajhaavehi Samajh Rehae ||	Unto whom do they speak? Unto whom do they preach? Who understands? Let them understand themselves.	('ਗਹਿਰ ਗੰਭੀਰ' ਪ੍ਰਭੂ ਨੂੰ ਸਿਮਰਿਆਂ ਸਿਮਰਨ ਕਰਨ ਵਾਲਾ ਭੀ ਗੰਭੀਰ ਸੁਭਾਵ ਵਾਲਾ ਹੋ ਜਾਂਦਾ ਹੈ, ਉਸ ਦੇ ਅੰਦਰ ਦਿਖਾਵਾ ਤੇ ਹੋਛਾ-ਪਨ ਨਹੀਂ ਰਹਿੰਦਾ), ਜੋ ਮਨੁੱਖ ('ਗਹਿਰ ਗੰਭੀਰ' ਨੂੰ ਸਿਮਰ ਕੇ) ਗਿਆਨਵਾਨ ਹੋ ਜਾਂਦੇ ਹਨ, ਉਹ ਆਪਣਾ-ਆਪ ਨਾਹ ਕਿਸੇ ਨੂੰ ਦੱਸਦੇ ਹਨ ਨਾਹ ਸੁਣਾਂਦੇ ਹਨ ਨਾਹ ਸਮਝਾਂਦੇ ਹਨ।
16211	353	ਕਿਸੈ ਪੜਾਵਹਿ ਪੜਿ ਗੁਣਿ ਬੂਝੇ ਸਤਿਗੁਰ ਸਬਦਿ ਸੰਤੋਖਿ ਰਹੇ॥੧॥	ਪੜ੍ਹਾਵ-ਹਿ ਪੜਿ੍ਹ	Kisai Parraavehi Parr Gun Boojhae Sathigur Sabadh Santhokh Rehae ||1||	Who do they teach? Through study, they come to realize the Lord's Glorious Virtues. Through the Shabad, the Word of the True Guru, they come to dwell in contentment. ||1||	ਜੋ ਮਨੁੱਖ ('ਗਹਿਰ ਗੰਭੀਰ' ਦੀਆਂ ਸਿਫ਼ਤਾਂ) ਪੜ੍ਹ ਕੇ ਵਿਚਾਰ ਕੇ (ਜੀਵਨ-ਭੇਤ ਨੂੰ) ਸਮਝ ਲੈਂਦੇ ਹਨ ਉਹ ਆਪਣੀ ਵਿੱਦਿਆ ਦਾ ਦਿਖਾਵਾ ਨਹੀਂ ਕਰਦੇ, ਗੁਰੂ ਦੇ ਸ਼ਬਦ ਵਿਚ ਜੁੜ ਕੇ (ਹੋਛਾ-ਪਨ ਤਿਆਗ ਕੇ) ਉਹ ਸੰਤੋਖ ਵਿਚ ਜੀਵਨ ਬਿਤੀਤ ਕਰਦੇ ਹਨ ॥੧॥

16212	354	ਐਸਾ ਗੁਰਮਤਿ ਰਮਤੁ ਸਰੀਰਾ॥	(ਰਮਤੁ) ਵਿਆਪਕ	Aisaa Guramath Ramath Sareeraa ||	Through the Guru's Teachings, realize that He is pervading in all bodies;	ਹੇ ਮੇਰੇ ਮਨ! ਗੁਰੂ ਦੀ ਮਤਿ ਤੇ ਤੁਰ ਕੇ ਸਾਰੇ ਸਰੀਰਾਂ ਵਿਚ ਵਿਆਪਕ-
16213	354	ਹਰਿ ਭਜੁ ਮੇਰੇ ਮਨ ਗਹਿਰ ਗੰਭੀਰਾ॥੧॥ਰਹਾਉ॥		Har Bhaj Maerae Man Gehir Ganbheeraa ||1|| Rehaao ||	O my soul, vibrate on the Profound, Unfathomable Lord. ||1||Pause||	ਉਸ ਅਥਾਹ ਤੇ ਵੱਡੇ ਜਿਗਰ ਵਾਲੇ ਹਰੀ ਦਾ ਭਜਨ ਕਰ ॥੧॥ ਰਹਾਉ ॥
16214	354	ਅਨਤ ਤਰੰਗ ਭਗਤਿ ਹਰਿ ਰੰਗਾ॥		Anath Tharang Bhagath Har Rangaa ||	Loving devotion to the Lord brings endless waves of joy and delight.	ਉਹਨਾਂ (ਹਰੀ ਦਾ ਭਜਨ ਕਰਨ ਵਾਲਿਆਂ) ਦੇ ਅੰਦਰ ਪ੍ਰਭੂ ਦੇ ਪਿਆਰ ਦੀਆਂ ਪ੍ਰਭੂ ਦੀ ਭਗਤੀ ਦੀਆਂ ਅਨੇਕਾਂ ਲਹਿਰਾਂ ਉਠਦੀਆਂ ਰਹਿੰਦੀਆਂ ਹਨ।
16215	354	ਅਨ ਦਿਨੁ ਸੂਚੇ ਹਰਿ ਗੁਣ ਸੰਗਾ॥		Anadhin Soochae Har Gun Sangaa ||	One who dwells with the Glorious Praises of the Lord, night and day, is sanctified.	ਜੇਹੜੇ ਮਨੁੱਖ ਹਰ ਰੋਜ਼ (ਹਰ ਵੇਲੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਾਲ ਸਾਥ ਬਣਾਂਦੇ ਹਨ ਉਹਨਾਂ ਦਾ ਜੀਵਨ ਪਵਿਤ੍ਰ ਹੁੰਦਾ ਹੈ।
16216	354	ਮਿਥਿਆ ਜਨਮੁ ਸਾਕਤ ਸੰਸਾਰਾ॥	ਮਿਥਿਆ: ਪੋਲਾ ਬੋਲੋ	Mithhiaa Janam Saakath Sansaaraa ||	The birth into the world of the faithless cynic is totally useless.	ਮਾਇਆ-ਵੇੜ੍ਹੇ ਸੰਸਾਰੀ ਜੀਵ ਦਾ ਜੀਵਨ ਵਿਅਰਥ ਚਲਾ ਜਾਂਦਾ ਹੈ।
16217	354	ਰਾਮ ਭਗਤਿ ਜਨੁ ਰਹੈ ਨਿਰਾਰਾ॥੨॥		Raam Bhagath Jan Rehai Niraaraa ||2||	The humble devotee of the Lord remains unattached. ||2||	ਜੋ ਮਨੁੱਖ ਪਰਮਾਤਮਾ ਦੀ ਭਗਤੀ ਕਰਦਾ ਹੈ ਉਹ (ਮਾਇਆ ਦੇ ਮੋਹ ਤੋਂ) ਨਿਰਲੇਪ ਰਹਿੰਦਾ ਹੈ ॥੨॥

16218	354	ਸੂਚੀ ਕਾਇਆ ਹਰਿ ਗੁਣ ਗਾਇਆ॥		Soochee Kaaeiaa Har Gun Gaaeiaa ||	The body which sings the Glorious Praises of the Lord is sanctified.	ਜੋ ਮਨੁੱਖ ਹਰੀ ਦੇ ਗੁਣ ਗਾਂਦਾ ਹੈ ਉਸ ਦਾ ਸਰੀਰ (ਵਿਕਾਰਾਂ ਵਲੋਂ ਬਚਿਆ ਰਹਿ ਕੇ) ਪਵਿਤ੍ਰ ਰਹਿੰਦਾ ਹੈ,
16219	354	ਆਤਮੁ ਚੀਨਿ ਰਹੈ ਲਿਵ ਲਾਇਆ॥		Aatham Cheen Rehai Liv Laaeiaa ||	The soul remains conscious of the Lord, absorbed in His Love.	ਆਪਣੇ ਆਪ ਨੂੰ (ਆਪਣੇ ਅਸਲੇ ਨੂੰ) ਪਛਾਣ ਕੇ ਉਹ ਸਦਾ ਪ੍ਰਭੂ-ਚਰਨਾਂ ਵਿਚ ਸੁਰਤਿ ਜੋੜੀ ਰੱਖਦਾ ਹੈ।
16220	354	ਆਦਿ ਅਪਾਰੁ ਅਪਰੰਪਰੁ ਹੀਰਾ॥	ਅਪ-ਰੰਪਰੁ	Aadh Apaar Aparanpar Heeraa ||	The Lord is the Infinite Primal Being, beyond the beyond, the priceless jewel.	ਉਹ ਮਨੁੱਖ ਉਸ ਪ੍ਰਭੂ ਦਾ ਰੂਪ ਹੋ ਜਾਂਦਾ ਹੈ ਜੋ ਸਭ ਦਾ ਮੁੱਢ ਹੈ ਜੋ ਬੇਅੰਤ ਹੈ ਜੋ ਪਰੇ ਤੋਂ ਪਰੇ ਹੈ ਜੋ ਹੀਰੇ ਸਮਾਨ ਅਮੋਲਕ ਹੈ।
16221	354	ਲਾਲਿ ਰਤਾ ਮੇਰਾ ਮਨੁ ਧੀਰਾ॥੩॥		Laal Rathaa Maeraa Man Dhheeraa ||3||	My mind is totally content, imbued with my Beloved. ||3||	ਉਸ ਦਾ ਉਹ ਮਨ, ਜੋ ਪਹਿਲਾਂ ਮਮਤਾ ਦਾ ਸ਼ਿਕਾਰ ਸੀ, ਲਾਲ-ਸਮਾਨ ਅਮੋਲਕ-ਪ੍ਰਭੂ ਦੇ ਪਿਆਰ ਵਿਚ ਰੰਗਿਆ ਜਾਂਦਾ ਹੈ ਤੇ ਠਰ੍ਹੰਮੇ ਵਾਲਾ ਹੋ ਜਾਂਦਾ ਹੈ ॥੩॥
16222	354	ਕਥਨੀ ਕਹਹਿ ਕਹਹਿ ਸੇ ਮੂਏ॥		Kathhanee Kehehi Kehehi Sae Mooeae ||	Those who speak and babble on and on, are truly dead.	ਜੇਹੜੇ ਮਨੁੱਖ (ਸਿਮਰਨ ਤੋਂ ਸੱਖਣੇ ਹਨ ਤੇ) ਨਿਰੀਆਂ ਜ਼ਬਾਨੀ ਜ਼ਬਾਨੀ ਹੀ ਗਿਆਨ ਦੀਆਂ ਗੱਲਾਂ ਕਰਦੇ ਹਨ ਉਹ ਆਤਮਕ ਮੌਤੇ ਮਰੇ ਹੋਏ ਹਨ (ਉਹਨਾਂ ਦੇ ਅੰਦਰ ਆਤਮਕ ਜੀਵਨ ਨਹੀਂ ਹੈ)।

16223	354	ਸੋ ਪ੍ਰਭੁ ਦੂਰਿ ਨਾਹੀ ਪ੍ਰਭੁ ਤੂੰਹੈ॥		So Prabh Dhoor Naahee Prabh Thoon Hai ||	God is not far away - O God, You are right here.	(ਕੇਵਲ) ਉਹਨਾਂ ਨੂੰ ਹੀ ਪਰਮਾਤਮਾ ਆਪਣੇ ਅੱਤ ਨੇੜੇ ਦਿੱਸਦਾ ਹੈ, (ਉਹਨਾਂ ਮਨੁੱਖਾਂ ਵਾਸਤੇ) ਹੇ ਪ੍ਰਭੂ! ਹਰ ਥਾਂ ਤੂੰ ਹੀ ਤੂੰ ਵਿਆਪਕ ਹੈਂ, (ਜਿਹੜੇ ਜਗਤ ਦੇ ਪਦਾਰਥਾਂ ਨਾਲ ਮੋਹ ਨਹੀਂ ਬਣਾਂਦੇ।)
16224	354	ਸਭੁ ਜਗੁ ਦੇਖਿਆ ਮਾਇਆ ਛਾਇਆ॥		Sabh Jag Dhaekhiaa Maaeiaa Shhaaeiaa ||	I have seen that the whole world is engrossed in Maya.	ਉਹਨਾਂ ਮਨੁੱਖਾਂ ਨੂੰ ਸਾਰਾ ਜਗਤ ਮਾਇਆ ਦਾ ਪਸਾਰਾ ਹੀ ਦਿੱਸਦਾ ਹੈ,
16225	354	ਨਾਨਕ ਗੁਰਮਤਿ ਨਾਮੁ ਧਿਆਇਆ॥੪॥੧੭॥		Naanak Guramath Naam Dhhiaaeiaa ||4||17||	O Nanak, through the Guru's Teachings, I meditate on the Naam, the Name of the Lord. ||4||17||	ਹੇ ਨਾਨਕ! ਜਿਨ੍ਹਾਂ ਨੇ ਗੁਰੂ ਦੀ ਮਤਿ ਦਾ ਆਸਰਾ ਲੈ ਕੇ ਪ੍ਰਭੂ ਦਾ ਨਾਮ ਸਿਮਰਿਆ ਹੈ ॥੪॥੧੭॥
16226	354	ਆਸਾ ਮਹਲਾ ੧ ਤਿਤੁਕਾ॥		Aasaa Mehalaa 1 Thithukaa ||	Aasaa, First Mehl, Ti-Tukas:	
16227	354	ਕੋਈ ਭੀਖਕੁ ਭੀਖਿਆ ਖਾਇ॥	ਤਿ-ਤੁਕਾ	Koee Bheekhak Bheekhiaa Khaae ||	One is a beggar, living on charity;	(ਤੇਰਾ ਆਸਰਾ ਭੁਲਾ ਕੇ ਹੀ) ਕੋਈ ਮੰਗਤਾ ਭਿੱਛਿਆ (ਮੰਗ ਮੰਗ ਕੇ) ਖਾਂਦਾ ਹੈ (ਤੇ ਗਰੀਬੀ ਵਿਚ ਨਿਢਾਲ ਹੋ ਰਿਹਾ ਹੈ),
16228	354	ਕੋਈ ਰਾਜਾ ਰਹਿਆ ਸਮਾਇ॥		Koee Raajaa Rehiaa Samaae ||	Another is a king, absorbed in himself.	(ਤੈਨੂੰ ਭੁਲਾ ਕੇ ਹੀ) ਕੋਈ ਮਨੁੱਖ ਰਾਜਾ ਬਣ ਕੇ (ਰਾਜ ਵਿਚ) ਮਸਤ ਹੋ ਰਿਹਾ ਹੈ।

16229	354	ਕਿਸ ਹੀ ਮਾਨੁ ਕਿਸੈ ਅਪਮਾਨੁ॥		Kis Hee Maan Kisai Apamaan ||	One receives honor, and another dishonor.	ਕਿਸੇ ਨੂੰ ਆਦਰ ਮਿਲ ਰਿਹਾ ਹੈ (ਉਹ ਇਸ ਆਦਰ ਵਿਚ ਅਹੰਕਾਰੀ ਹੈ) ਕਿਸੇ ਦੀ ਨਿਰਾਦਰੀ ਹੋ ਰਹੀ ਹੈ (ਜਿਸ ਕਰਕੇ ਉਹ ਆਪਣੀ ਮਨੁੱਖਤਾ ਦਾ ਕੌਡੀ ਮੁੱਲ ਨਹੀਂ ਸਮਝਦਾ)
16230	354	ਢਾਹਿ ਉਸਾਰੇ ਧਰੇ ਧਿਆਨੁ॥		Dtaahi Ousaarae Dhharae Dhhiaan ||	The Lord destroys and creates; He is enshrined in His meditation.	(ਕੋਈ ਮਨੁੱਖ ਮਨ ਦੇ ਲੱਡੂ ਭੋਰ ਰਿਹਾ ਹੈ, ਆਪਣੇ ਮਨ ਵਿਚ) ਕਈ ਸਲਾਹਾਂ ਬਣਾਂਦਾ ਹੈ ਤੇ ਢਾਂਹਦਾ ਹੈ।
16231	354	ਤੁਝ ਤੇ ਵਡਾ ਨਾਹੀ ਕੋਇ॥		Thujh Thae Vaddaa Naahee Koe ||	There is no other as great as You.	ਬੱਸ! ਇਹੀ ਸੋਚਾਂ ਸੋਚਦਾ ਰਹਿੰਦਾ ਹੈ; ਪਰ ਹੇ ਪ੍ਰਭੂ! ਤੈਥੋਂ ਕੋਈ ਵੱਡਾ ਨਹੀਂ (ਜਿਸ ਨੂੰ ਵਡਿਆਈ ਮਿਲਦੀ ਹੈ, ਤੈਥੋਂ ਹੀ ਮਿਲਦੀ ਹੈ)।
16232	354	ਕਿਸੁ ਵੇਖਾਲੀ ਚੰਗਾ ਹੋਇ॥੧॥		Kis Vaekhaalee Changaa Hoe ||1||	So whom should I present to You? Who is good enough? ||1||	ਮੈਂ ਕੋਈ ਅਜਿਹਾ ਆਦਮੀ ਨਹੀਂ ਵਿਖਾ ਸਕਦਾ ਜੋ (ਆਪਣੇ ਆਪ ਤੋਂ ਹੀ) ਚੰਗਾ ਬਣ ਗਿਆ ਹੋਵੇ ॥੧॥
16233	354	ਮੈ ਤਾਂ ਨਾਮੁ ਤੇਰਾ ਆਧਾਰੁ॥		Mai Thaan Naam Thaeraa Aadhhaar ||	The Naam, the Name of the Lord, is my only Support.	ਮੇਰੇ ਲਈ ਸਿਰਫ਼ ਤੇਰਾ ਨਾਮ ਹੀ ਆਸਰਾ ਹੈ (ਕਿਉਂਕਿ)
16234	354	ਤੂੰ ਦਾਤਾ ਕਰਣਹਾਰੁ ਕਰਤਾਰੁ॥੧॥ਰਹਾਉ ॥		Thoon Dhaathaa Karanehaar Karathaar ||1|| Rehaao ||	You are the Great Giver, the Doer, the Creator. ||1||Pause||	ਤੂੰ ਹੀ (ਸਭ ਦਾਤਾਂ) ਦੇਣ ਵਾਲਾ ਹੈਂ, ਤੂੰ ਸਭ ਕੁਝ ਕਰਨ ਦੇ ਸਮਰੱਥ ਹੈਂ, ਤੂੰ ਸਾਰੀ ਸ੍ਰਿਸ਼ਟੀ ਦੇ ਪੈਦਾ ਕਰਨ ਵਾਲਾ ਹੈਂ ॥੧॥ ਰਹਾਉ ॥

16235	354	ਵਾਟ ਨ ਪਾਵਉ ਵੀਗਾ ਜਾਉ॥	ਪ੍ਰੇਮਾ-ਭਗਤੀ ਦਾ (ਵਾਟ) ਰਸਤਾ। ਵੀਂਗਾ	Vaatt N Paavo Veegaa Jaao ||	I have not walked on Your Path; I have followed the crooked path.	(ਹੇ ਪ੍ਰਭੂ! ਤੇਰੀ ਓਟ ਤੋਂ ਬਿਨਾ) ਮੈਂ ਜੀਵਨ ਦਾ ਸਹੀ ਰਸਤਾ ਨਹੀਂ ਲੱਭ ਸਕਦਾ, ਕੁਰਾਹੇ ਹੀ ਜਾਂਦਾ ਹਾਂ।
16236	354	ਦਰਗਹ ਬੈਸਣ ਨਾਹੀ ਥਾਉ॥		Dharageh Baisan Naahee Thhaao ||	In the Court of the Lord, I find no place to sit.	ਤੇਰੀ ਹਜ਼ੂਰੀ ਵਿਚ ਭੀ ਮੈਨੂੰ ਥਾਂ ਨਹੀਂ ਮਿਲ ਸਕਦੀ।
16237	354	ਮਨ ਕਾ ਅੰਧੁਲਾ ਮਾਇਆ ਕਾ ਬੰਧੁ॥		Man Kaa Andhhulaa Maaeiaa Kaa Bandhh ||	I am mentally blind, in the bondage of Maya.	(ਜਦ ਤਕ ਮੈਨੂੰ ਤੇਰੇ ਪਾਸੋਂ ਗਿਆਨ-ਚਾਨਣ ਨਾ ਮਿਲੇ) ਮੈਂ ਮਾਇਆ ਦੇ ਮੋਹ ਵਿਚ ਬੱਝਾ ਰਹਿੰਦਾ ਹਾਂ, ਮਨ ਦਾ ਅੰਨ੍ਹਾ ਹੀ ਰਹਿੰਦਾ ਹਾਂ,
16238	354	ਖੀਨ ਖਰਾਬੁ ਹੋਵੈ ਨਿਤ ਕੰਧੁ॥	(ਖੀਨ) ਕਮਜ਼ੋਰ,ਨਾਸ। (ਕੰਧੁ) ਸ੍ਰੀਰ	Kheen Kharaab Hovai Nith Kandhh ||	The wall of my body is breaking down, wearing away, growing weaker.	ਮੇਰਾ ਸਰੀਰ (ਵਿਕਾਰਾਂ ਵਿਚ) ਸਦਾ ਖਚਿਤ ਤੇ ਖ਼ੁਆਰ ਹੁੰਦਾ ਹੈ।
16239	354	ਖਾਣ ਜੀਵਣ ਕੀ ਬਹੁਤੀ ਆਸ॥		Khaan Jeevan Kee Bahuthee Aas ||	You have such high hopes of eating and living	ਮੈਂ ਸਦਾ ਹੋਰ ਹੋਰ ਖਾਣ ਤੇ ਜੀਊਣ ਦੀਆਂ ਆਸਾਂ ਬਣਾਂਦਾ ਹਾਂ।
16240	354	ਲੇਖੈ ਤੇਰੈ ਸਾਸ ਗਿਰਾਸ॥੨॥		Laekhai Thaerai Saas Giraas ||2||	- your breaths and morsels of food are already counted! ||2||	(ਮੈਨੂੰ ਇਹ ਚੇਤਾ ਹੀ ਨਹੀਂ ਰਹਿੰਦਾ ਕਿ) ਮੇਰਾ ਇਕ ਇਕ ਸਾਹ ਤੇ ਇਕ ਇਕ ਗਿਰਾਹੀ ਤੇਰੇ ਹਿਸਾਬ ਵਿਚ ਹੈ (ਤੇਰੀ ਮੇਹਰ ਨਾਲ ਹੀ ਮਿਲ ਰਿਹਾ ਹੈ) ॥੨॥
16241	354	ਅਹਿ ਨਿਸਿ ਅੰਧੁਲੇ ਦੀਪਕੁ ਦੇਇ॥		Ahinis Andhhulae Dheepak Dhaee ||	Night and day they are blind - please, bless them with Your Light.	ਪ੍ਰਭੂ (ਇਤਨਾ ਦਿਆਲ ਹੈ ਕਿ ਮੇਰੇ ਵਰਗੇ) ਅੰਨ੍ਹੇ ਨੂੰ ਦਿਨ ਰਾਤ (ਗਿਆਨ ਦਾ) ਦੀਵਾ ਬਖ਼ਸ਼ਦਾ ਹੈ,

16242	354	ਭਉਜਲ ਡੂਬਤ ਚਿੰਤ ਕਰੇਇ॥		Bhoujal Ddoobath Chinth Karaee ||	They are drowning in the terrifying world-ocean, crying out in pain.	ਸੰਸਾਰ-ਸਮੁੰਦਰ ਵਿਚ ਡੁਬਦੇ ਦਾ ਫ਼ਿਕਰ ਰੱਖਦਾ ਹੈ।
16243	354	ਕਹਹਿ ਸੁਣਹਿ ਜੋ ਮਾਨਹਿ ਨਾਉ॥		Kehehi Sunehi Jo Maanehi Naao ||	I am a sacrifice to those who chant,	ਜੋ ਪ੍ਰਭੂ ਦਾ ਨਾਮ ਜਪਦੇ ਹਨ, ਸੁਣਦੇ ਹਨ, ਉਸ ਵਿਚ ਸਰਧਾ ਰੱਖਦੇ ਹਨ,
16244	354	ਹਉ ਬਲਿਹਾਰੈ ਤਾ ਕੈ ਜਾਉ॥		Ho Balihaarai Thaa Kai Jaao ||	Hear and believe in the Name.	ਮੈਂ ਉਹਨਾਂ ਬੰਦਿਆਂ ਤੋਂ ਸਦਕੇ ਜਾਂਦਾ ਹਾਂ।
16245	354	ਨਾਨਕੁ ਏਕ ਕਹੈ ਅਰਦਾਸਿ॥		Naanak Eaek Kehai Aradhaas ||	Nanak utters this one prayer;	ਹੇ ਪ੍ਰਭੂ! ਨਾਨਕ ਤੇਰੇ ਦਰ ਤੇ ਇਹ ਅਰਦਾਸ ਕਰਦਾ ਹੈ,
16246	354	ਜੀਉ ਪਿੰਡੁ ਸਭੁ ਤੇਰੈ ਪਾਸਿ॥੩॥		Jeeo Pindd Sabh Thaerai Paas ||3||	Soul and body, all belong to You, Lord. ||3||	ਕਿ ਸਾਡੀ ਜਿੰਦ ਤੇ ਸਾਡਾ ਸਰੀਰ ਸਭ ਕੁਝ ਤੇਰੇ ਹੀ ਆਸਰੇ ਹੈ ॥੩॥
16247	354	ਜਾਂ ਤੂੰ ਦੇਹਿ ਜਪੀ ਤੇਰਾ ਨਾਉ॥		Jaan Thoon Dhaehi Japee Thaeraa Naao ||	When You bless me, I chant Your Name.	ਹੇ ਪ੍ਰਭੂ! ਜਦੋਂ ਤੂੰ (ਆਪਣੇ ਨਾਮ ਦੀ ਦਾਤਿ ਮੈਨੂੰ) ਦੇਂਦਾ ਹੈਂ, ਤਦੋਂ ਹੀ ਮੈਂ ਤੇਰਾ ਨਾਮ ਜਪ ਸਕਦਾ ਹਾਂ,
16248	354	ਦਰਗਹ ਬੈਸਣ ਹੋਵੈ ਥਾਉ॥		Dharageh Baisan Hovai Thhaao ||	Thus I find my seat in the Court of the Lord.	ਤੇ ਤੇਰੀ ਹਜ਼ੂਰੀ ਵਿਚ ਮੈਨੂੰ ਬੈਠਣ ਲਈ ਥਾਂ ਮਿਲ ਸਕਦੀ ਹੈ।
16249	354	ਜਾਂ ਤੁਧੁ ਭਾਵੈ ਤਾ ਦੁਰਮਤਿ ਜਾਇ॥		Jaan Thudhh Bhaavai Thaa Dhuramath Jaae ||	When it pleases You, evil-mindedness departs,	ਜਦੋਂ ਤੇਰੀ ਰਜ਼ਾ ਹੋਵੇ ਤਦੋਂ ਹੀ ਮੇਰੀ ਭੈੜੀ ਮਤਿ ਦੂਰ ਹੋ ਸਕਦੀ ਹੈ,

16250	354	ਗਿਆਨ ਰਤਨੁ ਮਨਿ ਵਸੈ ਆਇ॥		Giaan Rathan Man Vasai Aae ||	And the jewel of spiritual wisdom comes to dwell in the mind.	ਤੇ ਤੇਰਾ ਬਖ਼ਸ਼ਿਆ ਸ੍ਰੇਸ਼ਟ ਗਿਆਨ ਮੇਰੇ ਮਨ ਵਿਚ ਆ ਕੇ ਵੱਸ ਸਕਦਾ ਹੈ।
16251	354	ਨਦਰਿ ਕਰੇ ਤਾ ਸਤਿਗੁਰੁ ਮਿਲੈ॥		Nadhar Karae Thaa Sathigur Milai ||	When the Lord bestows His Glance of Grace, then one comes to meet the True Guru.	ਜਿਸ ਮਨੁੱਖ ਤੇ ਪ੍ਰਭੂ ਮੇਹਰ ਦੀ ਨਜ਼ਰ ਕਰਦਾ ਹੈ ਉਸ ਨੂੰ ਗੁਰੂ ਮਿਲਦਾ ਹੈ।
16252	354	ਪ੍ਰਣਵਤਿ ਨਾਨਕੁ ਭਵਜਲੁ ਤਰੈ॥੪॥੧੮॥		Pranavath Naanak Bhavajal Tharai ||4||18||	Prays Nanak, carry us across the terrifying world-ocean. ||4||18||	ਨਾਨਕ ਬੇਨਤੀ ਕਰਦਾ ਹੈ ਕਿ ਤੇ ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੪॥੧੮॥
16253	354	ਆਸਾ ਮਹਲਾ ੧ ਪੰਚਪਦੇ॥		Aasaa Mehalaa 1 Panchapadhae ||	Aasaa, First Mehl, Panch-Padas:	
16254	354	ਦੁਧ ਬਿਨੁ ਧੇਨੁ ਪੰਖ ਬਿਨੁ ਪੰਖੀ ਜਲ ਬਿਨੁ ਉਤਭੁਜ ਕਾਮਿ ਨਾਹੀ॥	(ਧੇਨੁ) ਗਾਂ। (ਉਤਭੁਜ) ਖੇਤੀ	Dhudhh Bin Dhhaen Pankh Bin Pankhee Jal Bin Outhabhuj Kaam Naahee ||	A cow without milk; a bird without wings; a garden without water - totally useless!	ਜੇਹੜੀ ਗਾਂ ਦੁੱਧ ਨਾਹ ਦੇਵੇ ਉਹ ਗਾਂ ਕਿਸ ਕੰਮ? ਜੇਹੜੇ ਪੰਛੀ ਦੇ ਖੰਭ ਨਾਹ ਹੋਣ ਉਸ ਨੂੰ ਹੋਰ ਕੋਈ ਸਹਾਰਾ ਨਹੀਂ, ਬਨਸਪਤੀ ਪਾਣੀ ਤੋਂ ਬਿਨਾ ਹਰੀ ਨਹੀਂ ਰਹਿ ਸਕਦੀ।

16255	354	ਕਿਆ ਸੁਲਤਾਨੁ ਸਲਾਮ ਵਿਹੂਣਾ ਅੰਧੀ ਕੋਠੀ ਤੇਰਾ ਨਾਮੁ ਨਾਹੀ॥੧॥		Kiaa Sulathaan Salaam Vihoonaa Andhhee Kothee Thaeraa Naam Naahee ||1||	What is an emperor, without respect? The chamber of the soul is so dark, without the Name of the Lord. ||1||	ਉਹ ਬਾਦਸ਼ਾਹ ਕਾਹਦਾ, ਜਿਸ ਨੂੰ ਕੋਈ ਸਲਾਮ ਨ ਕਰੇ? ਇਸੇ ਤਰ੍ਹਾਂ ਹੇ ਪ੍ਰਭੂ! ਜਿਸ ਹਿਰਦੇ ਵਿਚ ਤੇਰਾ ਨਾਮ ਨ ਹੋਵੇ ਉਹ ਇਕ ਹਨੇਰੀ ਕੋਠੜੀ ਹੀ ਹੈ ॥੧॥
16256	354	ਕੀ ਵਿਸਰਹਿ ਦੁਖੁ ਬਹੁਤਾ ਲਾਗੈ॥	ਵਿਸਰਹਿ	Kee Visarehi Dhukh Bahuthaa Laagai ||	How could I ever forget You? It would be so painful!	ਹੇ ਪ੍ਰਭੂ! ਤੂੰ ਮੈਨੂੰ ਕਿਉਂ ਵਿਸਾਰਦਾ ਹੈਂ? ਤੇਰੇ ਵਿਸਰਿਆਂ ਮੈਨੂੰ ਬੜਾ ਆਤਮਕ ਦੁੱਖ ਵਾਪਰਦਾ ਹੈ।
16257	354	ਦੁਖੁ ਲਾਗੈ ਤੂੰ ਵਿਸਰੁ ਨਾਹੀ॥੧॥ਰਹਾਉ॥		Dhukh Laagai Thoon Visar Naahee ||1|| Rehaao ||	I would suffer such pain - no, I shall not forget You! ||1||Pause||	ਹੇ ਪ੍ਰਭੂ! (ਮੇਹਰ ਕਰ, ਮੇਰੇ ਮਨ ਤੋਂ) ਨਾਹ ਵਿਸਰ ॥੧॥ ਰਹਾਉ ॥
16258	354	ਅਖੀ ਅੰਧੁ ਜੀਭ ਰਸੁ ਨਾਹੀ ਕੰਨੀ ਪਵਣੁ ਨ ਵਾਜੈ॥	ਅੱਖੀਂ	Akhee Andhh Jeebh Ras Naahee Kannee Pavan N Vaajai ||	The eyes grow blind, the tongue does not taste, and the ears do not hear any sound.	ਅੱਖਾਂ ਅੱਗੇ ਹਨੇਰਾ ਆਉਣ ਲੱਗ ਪੈਂਦਾ ਹੈ, ਜੀਭ ਵਿਚ ਖਾਣ-ਪੀਣ ਦਾ ਸੁਆਦ ਮਾਣਨ ਦੀ ਤਾਕਤ ਨਹੀਂ ਰਹਿੰਦੀ, ਕੰਨਾਂ ਵਿਚ (ਰਾਗ ਆਦਿਕ) ਦੀ ਆਵਾਜ਼ ਨਹੀਂ ਸੁਣਾਈ ਦੇਂਦੀ।

16259	354	ਚਰਣੀ ਚਲੈ ਪਜੂਤਾ ਆਗੈ ਵਿਣੁ ਸੇਵਾ ਫਲ ਲਾਗੇ॥੨॥	(ਪਜੂਤਾ) ਪਕੜਿਆ। ਚੱਲੈ	Charanee Chalai Pajoothaa Aagai Vin Saevaa Fal Laagae ||2||	He walks on his feet only when supported by someone else; without serving the Lord, such are the fruits of life. ||2||	ਪੈਰਾਂ ਨਾਲ ਭੀ ਮਨੁੱਖ ਤਦੋਂ ਹੀ ਤੁਰਦਾ ਹੈ ਜੇ ਕੋਈ ਹੋਰ ਅਗੋਂ ਉਸਦੀ ਡੰਗੋਰੀ ਫੜੇ-(ਬੁਢੇਪੇ ਦੇ ਕਾਰਨ ਮਨੁੱਖ ਦੇ ਸਰੀਰ ਦੀ ਇਹ ਹਾਲਤ ਬਣ ਜਾਂਦੀ ਹੈ, ਫਿਰ ਭੀ) ਮਨੁੱਖ ਸਿਮਰਨ ਤੋਂ ਸੁੰਞਾ ਹੀ ਰਹਿੰਦਾ ਹੈ, ਇਸ ਦੇ ਜੀਵਨ-ਰੁੱਖ ਨੂੰ ਹੋਰ ਹੋਰ ਫਲ ਲੱਗਦੇ ਰਹਿੰਦੇ ਹਨ ॥੨॥
16260	354	ਅਖਰ ਬਿਰਖ ਬਾਗ ਭੁਇ ਚੋਖੀ ਸਿੰਚਿਤ ਭਾਉ ਕਰੇਹੀ॥	(ਅਖਰ) ਗੁਰਬਾਣੀ ਜੀ। (ਚੋਖੀ) ਸੁਥਰੀ	Akhar Birakh Baag Bhue Chokhee Sinchith Bhaao Karaehee ||	The Word is the tree; the garden of the heart is the farm; tend it, and irrigate it with the Lord's Love.	ਜੋ ਮਨੁੱਖ ਸੁਅੱਛ ਹਿਰਦੇ ਦੀ ਭੁਏਂ ਵਿਚ ਗੁਰ-ਸ਼ਬਦ ਰੂਪ ਬਾਗ਼ ਦੇ ਰੁੱਖ ਲਾਂਦੇ ਹਨ ਅਤੇ ਪ੍ਰੇਮ-ਰੂਪ ਪਾਣੀ ਸਿੰਜਦੇ ਹਨ,
16261	354	ਸਭਨਾ ਫਲੁ ਲਾਗੈ ਨਾਮੁ ਏਕੋ ਬਿਨੁ ਕਰਮਾ ਕੈਸੇ ਲੇਹੀ॥੩॥		Sabhanaa Fal Laagai Naam Eaeko Bin Karamaa Kaisae Laehee ||3||	All these trees bear the fruit of the Name of the One Lord; but without the karma of good actions, how can anyone obtain it? ||3||	ਉਹਨਾਂ ਸਭਨਾਂ ਨੂੰ ਅਕਾਲ ਪੁਰਖ ਦਾ ਨਾਮ-ਫਲ ਲੱਗਦਾ ਹੈ; ਪਰ ਪ੍ਰਭੂ ਦੀ ਮੇਹਰ ਤੋਂ ਬਿਨਾ ਇਹ ਦਾਤਿ ਨਹੀਂ ਮਿਲਦੀ ॥੩॥
16262	354	ਜੇਤੇ ਜੀਅ ਤੇਤੇ ਸਭਿ ਤੇਰੇ ਵਿਣੁ ਸੇਵਾ ਫਲੁ ਕਿਸੈ ਨਾਹੀ॥		Jaethae Jeea Thaethae Sabh Thaerae Vin Saevaa Fal Kisai Naahee ||	As many living beings are there are, they are all Yours. Without selfless service, no one obtains any reward.	ਹੇ ਪ੍ਰਭੂ! ਇਹ ਸਾਰੇ ਜੀਵ ਤੇਰੇ ਹੀ ਪੈਦਾ ਕੀਤੇ ਹੋਏ ਹਨ, ਤੇਰਾ ਸਿਮਰਨ ਕਰਨ ਤੋਂ ਬਿਨਾ ਮਨੁੱਖਾ ਜੀਵਨ ਦਾ ਲਾਭ ਕਿਸੇ ਨੂੰ ਨਹੀਂ ਮਿਲ ਸਕਦਾ।

16263	354	ਦੁਖੁ ਸੁਖੁ ਭਾਣਾ ਤੇਰਾ ਹੋਵੈ ਵਿਣੁ ਨਾਵੈ ਜੀਉ ਰਹੈ ਨਾਹੀ॥੪॥		Dhukh Sukh Bhaanaa Thaeraa Hovai Vin Naavai Jeeo Rehai Naahee ||4||	Pain and pleasure come by Your Will; without the Name, the soul does not even exist. ||4||	(ਜੋ ਭੀ ਜੰਮਿਆ ਹੈ ਉਸ ਨੂੰ) ਕਦੇ ਦੁੱਖ ਤੇ ਕਦੇ ਸੁਖ ਮਿਲਣਾ- ਇਹ ਤਾਂ ਤੇਰੀ ਰਜ਼ਾ ਹੈ (ਪਰ ਦੁੱਖ ਵਿਚ ਜੀਵ ਘਾਬਰ ਜਾਂਦਾ ਹੈ, ਸੁਖਾਂ ਵਿਚ ਆਪੇ ਤੋਂ ਬਾਹਰ ਹੁੰਦਾ ਹੈ) ਤੇਰੇ ਨਾਮ ਦੀ ਟੇਕ ਤੋਂ ਬਿਨਾ ਜਿੰਦ ਅਡੋਲ ਰਹਿ ਹੀ ਨਹੀਂ ਸਕਦੀ ॥੪॥
16264	354	ਮਤਿ ਵਿਚਿ ਮਰਣੁ ਜੀਵਣੁ ਹੋਰੁ ਕੈਸਾ ਜਾ ਜੀਵਾ ਤਾਂ ਜੁਗਤਿ ਨਾਹੀ॥		Math Vich Maran Jeevan Hor Kaisaa Jaa Jeevaa Thaan Jugath Naahee ||	To die in the Teachings is to live. Otherwise, what is life? That is not the way.	ਗੁਰੂ ਦੀ ਦੱਸੀ ਮਤਿ ਵਿਚ ਤੁਰ ਕੇ ਆਪਾ-ਭਾਵ ਦਾ ਮਰ ਜਾਣਾ- ਇਹੀ ਹੈ ਸਹੀ ਜੀਵਨ, ਜੇ ਮਨੁੱਖ ਦਾ ਸੁਆਰਥੀ ਜੀਵਨ ਨਹੀਂ ਮੁੱਕਿਆ ਤਾਂ ਉਹ ਜੀਵਨ ਵਿਅਰਥ ਹੈ। ਜੇ ਮੈਂ ਇਹ ਸੁਆਰਥੀ ਜੀਵਨ ਜੀਊਂਦਾ ਹਾਂ, ਤਾਂ ਇਸ ਨੂੰ ਜੀਵਨ ਦਾ ਸੁਚੱਜਾ ਢੰਗ ਨਹੀਂ ਕਿਹਾ ਜਾ ਸਕਦਾ।
16265	355	ਕਹੈ ਨਾਨਕੁ ਜੀਵਾਲੇ ਜੀਆ ਜਹ ਭਾਵੈ ਤਹ ਰਾਖੁ ਤੁਹੀ॥੫॥੧੯॥		Kehai Naanak Jeevaalae Jeeaa Jeh Bhaavai Theh Raakh Thuhee ||5||19||	Says Nanak, He grants life to the living beings; O Lord, please keep me according to Your Will. ||5||19||	ਨਾਨਕ ਆਖਦਾ ਹੈ- ਪਰਮਾਤਮਾ ਜ਼ਿੰਦਗੀ ਦੇਣ ਵਾਲਾ ਹੈ (ਉਸੇ ਦੀ ਹਜ਼ੂਰੀ ਵਿਚ ਅਰਦਾਸ ਕਰਨੀ ਚਾਹੀਦੀ ਹੈ ਕਿ) ਹੇ ਪ੍ਰਭੂ! ਜਿਥੇ ਤੇਰੀ ਰਜ਼ਾ ਹੈ ਉਥੇ ਸਾਨੂੰ ਰੱਖ (ਭਾਵ, ਆਪਣੀ ਰਜ਼ਾ ਵਿਚ ਰੱਖ ਤੇ ਸਿਮਰਨ ਦੀ ਦਾਤਿ ਬਖ਼ਸ਼ ॥੫॥੧੯॥

16266	355	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16267	355	ਕਾਇਆ ਬ੍ਰਹਮਾ ਮਨੁ ਹੈ ਧੋਤੀ॥		Kaaeiaa Brehamaa Man Hai Dhhothee ||	Let the body be the Brahmin, and let the mind be the loin-cloth;	(ਨਾਮ ਦੀ ਬਰਕਤਿ ਨਾਲ ਵਿਕਾਰਾਂ ਤੋਂ ਬਚਿਆ ਹੋਇਆ) ਮਨੁੱਖਾ ਸਰੀਰ ਹੀ (ਉੱਚ-ਜਾਤੀਆ) ਬ੍ਰਾਹਮਣ ਹੈ, (ਪਵਿਤ੍ਰ ਹੋਇਆ) ਮਨ (ਬ੍ਰਾਹਮਣ ਦੀ) ਧੋਤੀ ਹੈ।
16268	355	ਗਿਆਨੁ ਜਨੇਊ ਧਿਆਨੁ ਕੁਸਪਾਤੀ॥	ਕੁਸਪੱਾਤੀ:ਪੋਲਾ ਬੋਲੋ। (ਕੁਸਪਾਤੀ) ਦੱਭ ਦੇ ਛੱਲੇ	Giaan Janaeoo Dhhiaan Kusapaathee ||	Let spiritual wisdom be the sacred thread, and meditation the ceremonial ring.	ਪਰਮਾਤਮਾ ਨਾਲ ਡੂੰਘੀ ਜਾਣ-ਪਛਾਣ ਜਨੇਊ ਹੈ ਤੇ ਪ੍ਰਭੂ-ਚਰਨਾਂ ਵਿਚ ਜੁੜੀ ਹੋਈ ਸੁਰਤਿ ਦੱਭ ਦਾ ਛੱਲਾ।
16269	355	ਹਰਿ ਨਾਮਾ ਜਸੁ ਜਾਚਉ ਨਾਉ॥		Har Naamaa Jas Jaacho Naao ||	I seek the Name of the Lord and His Praise as my cleansing bath.	ਮੈਂ ਤਾਂ (ਹੇ ਪਾਂਡੇ!) ਪਰਮਾਤਮਾ ਦਾ ਨਾਮ ਹੀ (ਦੱਛਣਾ) ਮੰਗਦਾ ਹਾਂ, ਸਿਫ਼ਤਿ-ਸਾਲਾਹ ਹੀ ਮੰਗਦਾ ਹਾਂ,
16270	355	ਗੁਰ ਪਰਸਾਦੀ ਬ੍ਰਹਮਿ ਸਮਾਉ॥੧॥		Gur Parasaadhee Breham Samaao ||1||	By Guru's Grace, I am absorbed into God. ||1||	ਤਾਕਿ ਗੁਰੂ ਦੀ ਕਿਰਪਾ ਨਾਲ (ਨਾਮ ਸਿਮਰ ਕੇ) ਪਰਮਾਤਮਾ ਵਿਚ ਲੀਨ ਰਹਾਂ ॥੧॥
16271	355	ਪਾਂਡੇ ਐਸਾ ਬ੍ਰਹਮ ਬੀਚਾਰੁ॥		Paanddae Aisaa Breham Beechaar ||	O Pandit, O religious scholar, contemplate God in such a way	ਹੇ ਪਾਂਡੇ! ਤੂੰ ਭੀ ਇਸੇ ਤਰ੍ਹਾਂ ਪਰਮਾਤਮਾ ਦੇ ਗੁਣਾਂ ਦਾ ਵਿਚਾਰ ਕਰ।

16272	355	ਨਾਮੇ ਸੁਚਿ ਨਾਮੋ ਪੜਉ ਨਾਮੇ ਚਜੁ ਆਚਾਰੁ॥੧॥ਰਹਾਉ ॥	ਪੜ੍ਹਉ	Naamae Such Naamo Parro Naamae Chaj Aachaar ||1|| Rehaao ||	That His Name may sanctify you, that His Name may be your study, and His Name your wisdom and way of life. ||1||Pause||	ਪਰਮਾਤਮਾ ਦੇ ਨਾਮ ਵਿਚ ਹੀ ਸੁੱਚ ਹੈ, ਮੈਂ ਤਾਂ ਪਰਮਾਤਮਾ ਦਾ ਨਾਮ-ਸਿਮਰਨ (-ਰੂਪ ਵੇਦ) ਪੜ੍ਹਦਾ ਹਾਂ, ਪ੍ਰਭੂ ਦੇ ਨਾਮ ਵਿਚ ਹੀ ਸਾਰੀਆਂ ਧਾਰਮਿਕ ਰਸਮਾਂ ਆ ਜਾਂਦੀਆਂ ਹਨ ॥੧॥ ਰਹਾਉ ॥
16273	355	ਬਾਹਰਿ ਜਨੇਊ ਜਿਚਰੁ ਜੋਤਿ ਹੈ ਨਾਲਿ॥		Baahar Janaeoo Jichar Joth Hai Naal ||	The outer sacred thread is worthwhile only as long as the Divine Light is within.	(ਹੇ ਪਾਂਡੇ!) ਬਾਹਰਲਾ ਜਨੇਊ ਉਤਨਾ ਚਿਰ ਹੀ ਹੈ, ਜਿਤਨਾ ਚਿਰ ਜੋਤਿ ਸਰੀਰ ਵਿਚ ਮੌਜੂਦ ਹੈ (ਫਿਰ ਇਹ ਕਿਸ ਕੰਮ?)।
16274	355	ਧੋਤੀ ਟਿਕਾ ਨਾਮੁ ਸਮਾਲਿ॥	ਧੋੱਤੀ ਟਿੱਕਾ	Dhhothee Ttikaa Naam Samaal ||	So make the remembrance of the Naam, the Name of the Lord, your loin-cloth and the ceremonial mark on your forehead.	ਪ੍ਰਭੂ ਦਾ ਨਾਮ ਹਿਰਦੇ ਵਿਚ ਸਾਂਭ-ਇਹੀ ਹੈ ਧੋਤੀ ਇਹੀ ਹੈ ਟਿੱਕਾ।
16275	355	ਐਥੈ ਓਥੈ ਨਿਬਹੀ ਨਾਲਿ॥		Aithhai Outhhai Nibehee Naal ||	Here and hereafter, the Name alone shall stand by you.	ਇਹ ਨਾਮ ਹੀ ਲੋਕ ਪਰਲੋਕ ਵਿਚ ਸਾਥ ਨਿਭਾਹੁੰਦਾ ਹੈ।
16276	355	ਵਿਣੁ ਨਾਵੈ ਹੋਰਿ ਕਰਮ ਨ ਭਾਲਿ॥੨॥		Vin Naavai Hor Karam N Bhaal ||2||	Do not seek any other actions, except the Name. ||2||	(ਹੇ ਪਾਂਡੇ!) ਨਾਮ ਵਿਸਾਰ ਕੇ ਹੋਰ ਹੋਰ ਧਾਰਮਿਕ ਰਸਮਾਂ ਨਾਹ ਭਾਲਦਾ ਫਿਰ ॥੨॥

16277	355	ਪੂਜਾ ਪ੍ਰੇਮ ਮਾਇਆ ਪਰਜਾਲਿ॥	ਪਰ-ਜਾਲਿ	Poojaa Praem Maaeiaa Parajaal ||	Worship the Lord in loving adoration, and burn your desire for Maya.	(ਨਾਮ ਵਿਚ ਜੁੜ ਕੇ) ਮਾਇਆ ਦਾ ਮੋਹ (ਆਪਣੇ ਅੰਦਰੋਂ) ਚੰਗੀ ਤਰ੍ਹਾਂ ਸਾੜ ਦੇ-ਇਹੀ ਹੈ ਦੇਵ-ਪੂਜਾ।
16278	355	ਏਕੋ ਵੇਖਹੁ ਅਵਰੁ ਨ ਭਾਲਿ॥		Eaeko Vaekhahu Avar N Bhaal ||	Behold only the One Lord, and do not seek out any other.	ਹਰ ਥਾਂ ਇਕ ਪਰਮਾਤਮਾ ਨੂੰ ਵੇਖ, (ਹੇ ਪਾਂਡੇ!) ਉਸ ਤੋਂ ਬਿਨਾ ਕਿਸੇ ਹੋਰ ਦੇਵਤੇ ਨੂੰ ਨਾਹ ਲੱਭਦਾ ਰਹੁ।
16279	355	ਚੀਨ੍ਹੈ ਤਤੁ ਗਗਨ ਦਸ ਦੁਆਰ॥		Cheenhai Thath Gagan Dhas Dhuaar ||	Become aware of reality, in the Sky of the Tenth Gate;	ਜੇਹੜਾ ਮਨੁੱਖ ਹਰ ਥਾਂ ਵਿਆਪਕ ਪਰਮਾਤਮਾ ਨੂੰ ਪਛਾਣ ਲੈਂਦਾ ਹੈ, ਉਸ ਨੇ ਮਾਨੋ ਦਸਵੇਂ ਦੁਆਰ ਵਿਚ ਸਮਾਧੀ ਲਾਈ ਹੋਈ ਹੈ।
16280	355	ਹਰਿ ਮੁਖਿ ਪਾਠ ਪੜੈ ਬੀਚਾਰ॥੩॥		Har Mukh Paath Parrai Beechaar ||3||	Read aloud the Lord's Word, and contemplate it. ||3||	ਜੋ ਮਨੁੱਖ ਪ੍ਰਭੂ ਦੇ ਨਾਮ ਨੂੰ ਸਦਾ ਆਪਣੇ ਮੂੰਹ ਵਿਚ ਰੱਖਦਾ ਹੈ (ਉਚਾਰਦਾ), ਉਹ (ਵੇਦ ਆਦਿਕ ਪੁਸਤਕਾਂ ਦੇ) ਵਿਚਾਰ ਪੜ੍ਹ ਰਿਹਾ ਹੈ ॥੩॥
16281	355	ਭੋਜਨੁ ਭਾਉ ਭਰਮੁ ਭਉ ਭਾਗੈ॥		Bhojan Bhaao Bharam Bho Bhaagai ||	With the diet of His Love, doubt and fear depart.	(ਹੇ ਪਾਂਡੇ! ਪ੍ਰਭੂ-ਚਰਨਾਂ ਨਾਲ) ਪ੍ਰੀਤ (ਜੋੜ, ਇਹ) ਹੈ (ਮੂਰਤੀ ਨੂੰ) ਭੋਗ, (ਇਸ ਦੀ ਬਰਕਤਿ ਨਾਲ) ਮਨ ਦੀ ਭਟਕਣਾ ਦੂਰ ਹੋ ਜਾਂਦੀ ਹੈ, ਡਰ ਲਹਿ ਜਾਂਦਾ ਹੈ।
16282	355	ਪਾਹਰੂਅ ਰਾਛਬਿ ਚੋਰੁ ਨ ਲਾਗੈ॥	(ਪਾਹ-ਰੂਅ) ਪਹਿਰੇਦਾਰ। (ਰਾਛਬਿ) ਰਾਖਾ। (ਦੂਜਾ ਪਾਠ: ਪਾਹਰੂਅਰਾ ਛਬਿ)	Paaharooaraa Shhab Chor N Laagai ||	With the Lord as your night watchman, no thief will dare to break in.	ਪ੍ਰਭੂ-ਰਾਖੇ ਦਾ ਤੇਜ (ਆਪਣੇ ਅੰਦਰ ਪ੍ਰਕਾਸ਼ ਕਰ) ਕੋਈ ਕਾਮਾਦਿਕ ਚੋਰ ਨੇੜੇ ਨਹੀਂ ਢੁਕਦਾ।

16283	355	ਤਿਲਕੁ ਲਿਲਾਟਿ ਜਾਣੈ ਪ੍ਰਭੁ ਏਕੁ॥		Thilak Lilaatt Jaanai Prabh Eaek ||	Let the knowledge of the One God be the ceremonial mark on your forehead.	ਜੋ ਮਨੁੱਖ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ ਉਸ ਨੇ, ਮਾਨੋ, ਮੱਥੇ ਉਤੇ ਤਿਲਕ ਲਾਇਆ ਹੋਇਆ ਹੈ।
16284	355	ਬੂਝੈ ਬ੍ਰਹਮੁ ਅੰਤਰਿ ਬਿਬੇਕੁ॥੪॥		Boojhai Breham Anthar Bibaek ||4||	Let the realization that God is within you be your discrimination. ||4||	ਜੋ ਆਪਣੇ ਅੰਦਰ-ਵੱਸਦੇ ਪ੍ਰਭੂ ਨੂੰ ਪਛਾਣਦਾ ਹੈ ਉਹ ਚੰਗੇ ਮੰਦੇ ਕੰਮ ਦੀ ਪਰਖ ਸਿੱਖ ਲੈਂਦਾ ਹੈ (ਇਹੀ ਹੈ ਅਸਲ ਬਿਬੇਕ) ॥੪॥
16285	355	ਆਚਾਰੀ ਨਹੀ ਜੀਤਿਆ ਜਾਇ॥	ਆਚਾਰੀਂ	Aachaaree Nehee Jeethiaa Jaae ||	Through ritual actions, God cannot be won over;	(ਹੇ ਪਾਂਡੇ!) ਪਰਮਾਤਮਾ ਨਿਰੀਆਂ ਧਾਰਮਿਕ ਰਸਮਾਂ ਨਾਲ ਵੱਸ ਵਿਚ ਨਹੀਂ ਕੀਤਾ ਜਾ ਸਕਦਾ,
16286	355	ਪਾਠ ਪੜੈ ਨਹੀ ਕੀਮਤਿ ਪਾਇ॥		Paath Parrai Nehee Keemath Paae ||	By reciting sacred scriptures, His value cannot be estimated.	ਵੇਦ ਆਦਿਕ ਪੁਸਤਕਾਂ ਦੇ ਪਾਠ ਪੜ੍ਹਿਆਂ ਭੀ ਉਸ ਦੀ ਕਦਰ ਨਹੀਂ ਪੈ ਸਕਦੀ।
16287	355	ਅਸਟ ਦਸੀ ਚਹੁ ਭੇਦੁ ਨ ਪਾਇਆ॥	ਅਸਟ:ਪੋਲਾ ਬੋਲੋ। (ਅਸਟ ਦਸੀਂ) ਅਠਾਰਾਂ ਪੁਰਾਣ	Asatt Dhasee Chahu Bhaedh N Paaeiaa ||	The eighteen Puraanas and the four Vedas do not know His mystery.	ਜਿਸ ਪਰਮਾਤਮਾ ਦਾ ਭੇਦ ਅਠਾਰਾਂ ਪੁਰਾਣਾਂ ਤੇ ਚਾਰ ਵੇਦਾਂ ਨੇ ਨਾਹ ਲੱਭਾ,
16288	355	ਨਾਨਕ ਸਤਿਗੁਰਿ ਬ੍ਰਹਮੁ ਦਿਖਾਇਆ॥੫॥੨੦॥		Naanak Sathigur Breham Dhikhaaeiaa ||5||20||	O Nanak, the True Guru has shown me the Lord God. ||5||20||	ਹੇ ਨਾਨਕ! ਸਤਿਗੁਰੂ ਨੇ (ਸਾਨੂੰ) ਉਹ (ਅੰਦਰ ਬਾਹਰ ਹਰ ਥਾਂ) ਵਿਖਾ ਦਿੱਤਾ ਹੈ ॥੫॥੨੦॥
16289	355	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	

16290	355	ਸੇਵਕੁ ਦਾਸੁ ਭਗਤੁ ਜਨੁ ਸੋਈ॥		Saevak Dhaas Bhagath Jan Soee ||	He alone is the selfless servant, slave and humble devotee,	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਹੀ ਪਰਮਾਤਮਾ ਦਾ ਦਾਸ ਬਣਦਾ ਹੈ,
16291	355	ਠਾਕੁਰ ਕਾ ਦਾਸੁ ਗੁਰਮੁਖਿ ਹੋਈ॥		Thaakur Kaa Dhaas Guramukh Hoee ||	Who as Gurmukh, becomes the slave of his Lord and Master.	ਉਹੀ ਮਨੁੱਖ (ਅਸਲ) ਸੇਵਕ ਹੈ ਦਾਸ ਹੈ ਭਗਤ ਹੈ।
16292	355	ਜਿਨਿ ਸਿਰਿ ਸਾਜੀ ਤਿਨਿ ਫੁਨਿ ਗੋਈ॥	(ਗੋਈ) ਨਾਸ ਕੀਤੀ	Jin Sir Saajee Thin Fun Goee ||	He, who created the Universe, shall ultimately destroy it.	(ਉਸ ਨੂੰ ਇਹ ਸਦਾ ਯਕੀਨ ਰਹਿੰਦਾ ਹੈ ਕਿ) ਜਿਸ ਪ੍ਰਭੂ ਨੇ ਇਹ ਸ੍ਰਿਸ਼ਟੀ ਰਚੀ ਹੈ ਉਹੀ ਇਸ ਨੂੰ ਮੁੜ ਨਾਸ ਕਰਦਾ ਹੈ,
16293	355	ਤਿਸੁ ਬਿਨੁ ਦੂਜਾ ਅਵਰੁ ਨ ਕੋਈ॥੧॥		This Bin Dhoojaa Avar N Koee ||1||	Without Him, there is no other at all. ||1||	ਉਸ ਤੋਂ ਬਿਨਾ ਕੋਈ ਦੂਜਾ ਉਸ ਵਰਗਾ ਨਹੀਂ ਹੈ ॥੧॥
16294	355	ਸਾਚੁ ਨਾਮੁ ਗੁਰ ਸਬਦਿ ਵੀਚਾਰਿ॥		Saach Naam Gur Sabadh Veechaar ||	Through the Word of the Guru's Shabad, the Gurmukh reflects upon the True Name;	ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦਾ ਸਦਾ-ਥਿਰ ਨਾਮ ਵਿਚਾਰ ਕੇ-
16295	355	ਗੁਰਮੁਖਿ ਸਾਚੇ ਸਾਚੈ ਦਰਬਾਰਿ॥੧॥ਰਹਾਉ ॥		Guramukh Saachae Saachai Dharabaar ||1|| Rehaao ||	In the True Court, he is found to be true. ||1||Pause||	ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ ਸਦਾ-ਅਟੱਲ ਪ੍ਰਭੂ ਦੇ ਦਰਬਾਰ ਵਿਚ ਸੁਰਖ਼ਰੂ ਹੁੰਦੇ ਹਨ ॥੧॥ ਰਹਾਉ ॥
16296	355	ਸਚਾ ਅਰਜੁ ਸਚੀ ਅਰਦਾਸਿ॥		Sachaa Araj Sachee Aradhaas ||	The true supplication, the true prayer	ਗੁਰੂ ਦੇ ਸਨਮੁਖ ਰਹਿ ਕੇ ਕੀਤੀ ਹੋਈ ਅਰਜ਼ੋਈ ਤੇ ਅਰਦਾਸ ਹੀ ਅਸਲ (ਅਰਜ਼ੋਈ ਅਰਦਾਸ) ਹੈ,

16297	355	ਮਹਲੀ ਖਸਮੁ ਸੁਣੇ ਸਾਬਾਸਿ॥		Mehalee Khasam Sunae Saabaas ||	- within the Mansion of His Sublime Presence, the True Lord Master hears and applauds these.	ਮਹਲ ਦਾ ਮਾਲਕ ਖਸਮ-ਪ੍ਰਭੂ ਉਸ ਅਰਦਾਸ ਨੂੰ ਸੁਣਦਾ ਹੈ ਤੇ ਆਦਰ ਦੇਂਦਾ ਹੈ (ਸ਼ਾਬਾਸ਼ ਆਖਦਾ ਹੈ),
16298	355	ਸਚੈ ਤਖਤਿ ਬੁਲਾਵੈ ਸੋਇ॥		Sachai Thakhath Bulaavai Soe ||	He summons the truthful to His Heavenly Throne	ਆਪਣੇ ਸਦਾ-ਅਟੱਲ ਤਖ਼ਤ ਉਤੇ (ਬੈਠਾ ਹੋਇਆ ਪ੍ਰਭੂ) ਉਸ ਸੇਵਕ ਨੂੰ ਸੱਦਦਾ ਹੈ,
16299	355	ਦੇ ਵਡਿਆਈ ਕਰੇ ਸੁ ਹੋਇ॥੨॥		Dhae Vaddiaaee Karae S Hoe ||2||	And bestows glorious greatness upon them; that which He wills, comes to pass. ||2||	ਤੇ ਉਹ ਸਭ ਕੁਝ ਕਰਨ ਦੇ ਸਮਰੱਥ ਪ੍ਰਭੂ ਉਸ ਨੂੰ ਮਾਣ-ਆਦਰ ਦੇਂਦਾ ਹੈ ॥੨॥
16300	355	ਤੇਰਾ ਤਾਣੁ ਤੂਹੈ ਦੀਬਾਣੁ॥	(ਦੀਬਾਣੁ) ਆਸਰਾ	Thaeraa Thaan Thoohai Dheebaan ||	The Power is Yours; You are my only Support.	(ਹੇ ਪ੍ਰਭੂ!) ਗੁਰਮੁਖਿ ਨੂੰ ਤੇਰਾ ਹੀ ਤਾਣ ਹੈ ਤੇਰਾ ਹੀ ਆਸਰਾ ਹੈ,
16301	355	ਗੁਰ ਕਾ ਸਬਦੁ ਸਚੁ ਨੀਸਾਣੁ॥	(ਨੀਸਾਣੁ) ਰਾਹਦਾਰੀ	Gur Kaa Sabadh Sach Neesaan ||	The Word of the Guru's Shabad is my true password.	ਗੁਰੂ ਦਾ ਸ਼ਬਦ ਹੀ ਉਸ ਦੇ ਪਾਸ ਸਦਾ-ਥਿਰ ਰਹਿਣ ਵਾਲਾ ਪਰਵਾਨਾ ਹੈ,
16302	355	ਮੰਨੇ ਹੁਕਮੁ ਸੁ ਪਰਗਟੁ ਜਾਇ॥		Mannae Hukam S Paragatt Jaae ||	One who obeys the Hukam of the Lord's Command, goes to Him openly.	ਗੁਰਮੁਖਿ ਪਰਮਾਤਮਾ ਦੀ ਰਜ਼ਾ ਨੂੰ (ਸਿਰ ਮੱਥੇ ਤੇ) ਮੰਨਦਾ ਹੈ, ਜਗਤ ਵਿਚ ਸੋਭਾ ਖੱਟ ਕੇ ਜਾਂਦਾ ਹੈ,
16303	355	ਸਚੁ ਨੀਸਾਣੈ ਠਾਕ ਨ ਪਾਇ॥੩॥		Sach Neesaanai Thaak N Paae ||3||	With the password of truth, his way is not blocked. ||3||	ਗੁਰ-ਸ਼ਬਦ ਦੀ ਸੱਚੀ ਰਾਹਦਾਰੀ ਦੇ ਕਾਰਨ ਉਸ ਦੀ ਜ਼ਿੰਦਗੀ ਦੇ ਰਸਤੇ ਵਿਚ ਕੋਈ ਵਿਕਾਰ ਰੋਕ ਨਹੀਂ ਪਾਂਦਾ ॥੩॥

16304	355	ਪੰਡਿਤ ਪੜਹਿ ਵਖਾਣਹਿ ਵੇਦੁ॥		Panddith Parrehi Vakhaanehi Vaedh ||	The Pandit reads and expounds on the Vedas,	ਪੰਡਿਤ ਲੋਕ ਵੇਦ ਪੜ੍ਹਦੇ ਹਨ ਤੇ ਹੋਰਨਾਂ ਨੂੰ ਵਿਆਖਿਆ ਕਰ ਕੇ ਸੁਣਾਂਦੇ ਹਨ,
16305	355	ਅੰਤਰਿ ਵਸਤੁ ਨ ਜਾਣਹਿ ਭੇਦੁ॥		Anthar Vasath N Jaanehi Bhaedh ||	But he does not know the secret of the thing within himself.	ਪਰ (ਨਿਰੀ ਵਿੱਦਿਆ ਦੇ ਮਾਣ ਵਿਚ ਰਹਿ ਕੇ) ਇਹ ਭੇਦ ਨਹੀਂ ਜਾਣਦੇ ਕਿ ਪਰਮਾਤਮਾ ਦਾ ਨਾਮ-ਪਦਾਰਥ ਅੰਦਰ ਹੀ ਮੌਜੂਦ ਹੈ।
16306	355	ਗੁਰ ਬਿਨੁ ਸੋਝੀ ਬੂਝ ਨ ਹੋਇ॥		Gur Bin Sojhee Boojh N Hoe ||	Without the Guru, understanding and realization are not obtained;	ਪਰ ਇਹ ਸਮਝ ਗੁਰੂ ਦੀ ਸਰਨ ਪੈਣ ਤੋਂ ਬਿਨਾ ਨਹੀਂ ਆਉਂਦੀ,
16307	355	ਸਾਚਾ ਰਵਿ ਰਹਿਆ ਪ੍ਰਭੁ ਸੋਇ॥੪॥		Saachaa Rav Rehiaa Prabh Soe ||4||	But still God is True, pervading everywhere. ||4||	ਕਿ ਸਦਾ-ਥਿਰ ਪ੍ਰਭੂ ਹਰੇਕ ਦੇ ਅੰਦਰ ਵਿਆਪਕ ਹੈ ॥੪॥
16308	355	ਕਿਆ ਹਉ ਆਖਾ ਆਖਿ ਵਖਾਣੀ॥		Kiaa Ho Aakhaa Aakh Vakhaanee ||	What should I say, or speak or describe?	ਹੇ ਚੋਜੀ ਪ੍ਰਭੂ! ਗੁਰੂ ਦੇ ਸਨਮੁਖ ਰਹਿਣ ਦਾ ਮੈਂ ਕੀਹ ਜ਼ਿਕਰ ਕਰਾਂ? ਕੀਹ ਆਖ ਕੇ ਸੁਣਾਵਾਂ?
16309	355	ਤੂੰ ਆਪੇ ਜਾਣਹਿ ਸਰਬ ਵਿਡਾਣੀ॥	(ਵਿਡਾਣੀ) ਵੱਡਾ	Thoon Aapae Jaanehi Sarab Viddaanee ||	Only You Yourself know, O Lord of total wonder.	ਤੂੰ (ਇਸ ਭੇਦ ਨੂੰ) ਆਪ ਹੀ ਜਾਣਦਾ ਹੈਂ।
16310	355	ਨਾਨਕ ਏਕੋ ਦਰੁ ਦੀਬਾਣੁ॥		Naanak Eaeko Dhar Dheebaan ||	Nanak takes the Support of the Door of the One God.	ਹੇ ਨਾਨਕ! ਗੁਰਮੁਖਿ ਵਾਸਤੇ ਪ੍ਰਭੂ ਦਾ ਹੀ ਇਕ ਦਰਵਾਜ਼ਾ ਹੈ ਆਸਰਾ ਹੈ,

16311	355	ਗੁਰਮੁਖਿ ਸਾਚੁ ਤਹਾ ਗੁਦਰਾਣੁ॥੫॥੨੧॥	(ਗੁਦਰਾਣੁ) ਗੁਜ਼ਾਰਾ	Guramukh Saach Thehaa Gudharaan ||5||21||	There, at the True Door, the Gurmukhs sustain themselves. ||5||21||	ਜਿਥੇ ਗੁਰੂ ਦੇ ਸਨਮੁਖ ਰਹਿ ਕੇ ਸਿਮਰਨ ਕਰਨਾ ਉਸ ਦੀ ਜ਼ਿੰਦਗੀ ਦਾ ਸਹਾਰਾ ਬਣਿਆ ਰਹਿੰਦਾ ਹੈ ॥੫॥੨੧॥
16312	355	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16313	355	ਕਾਚੀ ਗਾਗਰਿ ਦੇਹ ਦੁਹੇਲੀ ਉਪਜੈ ਬਿਨਸੈ ਦੁਖੁ ਪਾਈ॥	(ਦੁਹੇਲੀ) ਦੁਖੀ	Kaachee Gaagar Dhaeh Dhuhaelee Oupajai Binasai Dhukh Paaee ||	The clay pitcher of the body is miserable; it suffers in pain through birth and death.	(ਨਿੱਤ ਵਿਕਾਰਾਂ ਵਿਚ ਖਚਿਤ ਰਹਿਣ ਕਰਕੇ) ਇਹ ਸਰੀਰ ਦੁੱਖਾਂ ਦਾ ਘਰ ਬਣਿਆ ਪਿਆ ਹੈ (ਵਿਕਾਰਾਂ ਦੇ ਅਸਰ ਹੇਠੋਂ ਨਹੀਂ ਨਿਕਲਦਾ) ਤੇ ਕੱਚੇ ਘੜੇ ਸਮਾਨ ਹੈ (ਜੋ ਤੁਰਤ ਪਾਣੀ ਵਿਚ ਗਲ ਜਾਂਦਾ ਹੈ), ਪੈਦਾ ਹੁੰਦਾ ਹੈ, (ਸਾਰੀ ਉਮਰ) ਦੁੱਖ ਪਾਂਦਾ ਹੈ ਤੇ ਫਿਰ ਨਾਸ ਹੋ ਜਾਂਦਾ ਹੈ।
16314	355	ਇਹੁ ਜਗੁ ਸਾਗਰੁ ਦੁਤਰੁ ਕਿਉ ਤਰੀਐ ਬਿਨੁ ਹਰਿ ਗੁਰ ਪਾਰਿ ਨ ਪਾਈ॥੧॥	(ਦੁੱਤ-ਰੁ) ਤਰਨਾ ਔਖਾ	Eihu Jag Saagar Dhuthar Kio Thareeai Bin Har Gur Paar N Paaee ||1||	How can this terrifying world-ocean be crossed over? Without the Lord - Guru, it cannot be crossed. ||1||	(ਇਕ ਪਾਸੇ ਤਾਂ ਕੱਚੇ ਘੜੇ ਵਰਗਾ ਇਹ ਸਰੀਰ ਹੈ, ਦੂਜੇ ਪਾਸੇ) ਇਹ ਜਗਤ ਇਕ ਐਸਾ ਸਮੁੰਦਰ ਹੈ ਜਿਸ ਤੋਂ ਪਾਰ ਲੰਘਣਾ ਬਹੁਤ ਔਖਾ ਹੈ, (ਇਸ ਵਿਕਾਰ-ਭਰੇ ਸਰੀਰ ਦਾ ਆਸਰਾ ਲੈ ਕੈ) ਇਸ ਵਿਚੋਂ ਤਰਿਆ ਨਹੀਂ ਜਾ ਸਕਦਾ, ਗੁਰੂ ਪਰਮਾਤਮਾ ਦਾ ਆਸਰਾ ਲੈਣ ਤੋਂ ਬਿਨਾ ਪਾਰ ਨਹੀਂ ਲੰਘ ਸਕੀਦਾ ॥੧॥

16315	355	ਤੁਝ ਬਿਨੁ ਅਵਰੁ ਨ ਕੋਈ ਮੇਰੇ ਪਿਆਰੇ ਤੁਝ ਬਿਨੁ ਅਵਰੁ ਨ ਕੋਇ ਹਰੇ॥		Thujh Bin Avar N Koee Maerae Piaarae Thujh Bin Avar N Koe Harae ||	Without You, there is no other at all, O my Beloved; without you, there is no other at all.	ਹੇ ਮੇਰੇ ਪਿਆਰੇ ਹਰੀ! ਮੇਰਾ ਤੈਥੋਂ ਬਿਨਾ ਹੋਰ ਕੋਈ (ਆਸਰਾ) ਨਹੀਂ, ਤੈਥੋਂ ਬਿਨਾ ਮੇਰਾ ਕੋਈ ਨਹੀਂ।
16316	355	ਸਰਬੀ ਰੰਗੀ ਰੂਪੀ ਤੂੰਹੈ ਤਿਸੁ ਬਖਸੇ ਜਿਸੁ ਨਦਰਿ ਕਰੇ॥੧॥ਰਹਾਉ॥	ਸਰਬੀਂ ਰੰਗੀਂ ਰੂਪੀਂ	Sarabee Rangee Roopee Thoonhai This Bakhasae Jis Nadhar Karae ||1|| Rehaao ||	You are in all colors and forms; he alone is forgiven, upon whom You bestow Your Glance of Grace. ||1||Pause||	ਤੂੰ ਸਾਰੇ ਰੰਗਾਂ ਵਿਚ ਸਾਰੇ ਰੂਪਾਂ ਵਿਚ ਮੌਜੂਦ ਹੈਂ। (ਹੇ ਭਾਈ!) ਜਿਸ ਜੀਵ ਉਤੇ ਮੇਹਰ ਦੀ ਨਜ਼ਰ ਕਰਦਾ ਹੈ ਉਸ ਨੂੰ ਬਖ਼ਸ਼ ਲੈਂਦਾ ਹੈ ॥੧॥ ਰਹਾਉ ॥
16317	355	ਸਾਸੁ ਬੁਰੀ ਘਰਿ ਵਾਸੁ ਨ ਦੇਵੈ ਪਿਰ ਸਿਉ ਮਿਲਣ ਨ ਦੇਇ ਬੁਰੀ॥		Saas Buree Ghar Vaas N Dhaevai Pir Sio Milan N Dhaee Buree ||	Maya, my mother-in-law, is evil; she does not let me live in my own home. The vicious one does not let me meet with my Husband Lord.	(ਮੇਰਾ ਪ੍ਰਭੂ-ਪਤੀ ਮੇਰੇ ਹਿਰਦੇ-ਘਰ ਵਿਚ ਹੀ ਵੱਸਦਾ ਹੈ, ਪਰ) ਇਹ ਭੈੜੀ ਸੱਸ (ਮਾਇਆ) ਮੈਨੂੰ ਹਿਰਦੇ-ਘਰ ਵਿਚ ਟਿਕਣ ਹੀ ਨਹੀਂ ਦੇਂਦੀ (ਭਾਵ, ਮੇਰੇ ਮਨ ਨੂੰ ਸਦਾ ਬਾਹਰ ਮਾਇਕ ਪਦਾਰਥਾਂ ਦੇ ਪਿੱਛੇ ਭਜਾਈ ਫਿਰਦੀ ਹੈ) ਇਹ ਚੰਦਰੀ ਮੈਨੂੰ ਪਤੀ ਨਾਲ ਮਿਲਣ ਨਹੀਂ ਦੇਂਦੀ।

16318	355	ਸਖੀ ਸਾਜਨੀ ਕੇ ਹਉ ਚਰਨ ਸਰੇਵਉ ਹਰਿ ਗੁਰ ਕਿਰਪਾ ਤੇ ਨਦਰਿ ਧਰੀ॥੨॥		Sakhee Saajanee Kae Ho Charan Saraevo Har Gur Kirapaa Thae Nadhar Dhharee ||2||	I serve at the feet of my companions and friends; the Lord has showered me with His Mercy, through Guru's Grace. ||2||	(ਇਸ ਚੰਦਰੀ ਤੋਂ ਬਚਣ ਲਈ) ਮੈਂ ਸਤਸੰਗੀ ਸਹੇਲੀਆਂ ਦੇ ਚਰਨਾਂ ਦੀ ਸੇਵਾ ਕਰਦੀ ਹਾਂ (ਸਤਸੰਗ ਵਿਚ ਗੁਰੂ ਮਿਲਦਾ ਹੈ), ਗੁਰੂ ਦੀ ਕਿਰਪਾ ਨਾਲ ਪਤੀ-ਪ੍ਰਭੂ ਮੇਰੇ ਤੇ ਮੇਹਰ ਦੀ ਨਜ਼ਰ ਕਰਦਾ ਹੈ ॥੨॥
16319	356	ਆਪੁ ਬੀਚਾਰਿ ਮਾਰਿ ਮਨੁ ਦੇਖਿਆ ਤੁਮ ਸਾ ਮੀਤੁ ਨ ਅਵਰੁ ਕੋਈ॥		Aap Beechaar Maar Man Dhaekhiaa Thum Saa Meeth N Avar Koee ||	Reflecting upon my self, and conquering my mind, I have seen that there is no other friend like You.	ਹੇ ਪ੍ਰਭੂ! (ਗੁਰੂ ਦੀ ਕਿਰਪਾ ਨਾਲ) ਜਦੋਂ ਮੈਂ ਆਪਣੇ ਆਪ ਨੂੰ ਸਵਾਰ ਕੇ ਆਪਣਾ ਮਨ ਮਾਰ ਕੇ ਵੇਖਿਆ ਤਾਂ (ਮੈਨੂੰ ਦਿੱਸ ਪਿਆ ਕਿ) ਤੇਰੇ ਵਰਗਾ ਮਿੱਤ੍ਰ ਹੋਰ ਕੋਈ ਨਹੀਂ ਹੈ।
16320	356	ਜਿਉ ਤੂੰ ਰਾਖਹਿ ਤਿਵ ਹੀ ਰਹਣਾ ਦੁਖੁ ਸੁਖੁ ਦੇਵਹਿ ਕਰਹਿ ਸੋਈ॥੩॥		Jio Thoon Raakhehi Thiv Hee Rehanaa Dhukh Sukh Dhaevehi Karehi Soee ||3||	As You keep me, so do I live. You are the Giver of peace and pleasure. Whatever You do, comes to pass. ||3||	ਸਾਨੂੰ ਜੀਵਾਂ ਨੂੰ ਤੂੰ ਜਿਸ ਹਾਲਤ ਵਿਚ ਰੱਖਦਾ ਹੈਂ, ਉਸੇ ਹਾਲਤ ਵਿਚ ਹੀ ਅਸੀਂ ਰਹਿ ਸਕਦੇ ਹਾਂ। ਦੁਖ ਭੀ ਤੂੰ ਹੀ ਦੇਂਦਾ ਹੈਂ, ਸੁਖ ਭੀ ਤੂੰ ਹੀ ਦੇਂਦਾ ਹੈਂ। ਜੋ ਕੁਝ ਤੂੰ ਕਰਦਾ ਹੈਂ; ਉਹੀ ਹੁੰਦਾ ਹੈ ॥੩॥
16321	356	ਆਸਾ ਮਨਸਾ ਦੋਊ ਬਿਨਾਸਤ ਤ੍ਰਿਹੁ ਗੁਣ ਆਸ ਨਿਰਾਸ ਭਈ॥		Aasaa Manasaa Dhooo Binaasath Thrihu Gun Aas Niraas Bhee ||	Hope and desire have both been dispelled; I have renounced my longing for the three qualities.	ਗੁਰੂ ਦੀ ਸਰਨ ਪਿਆਂ ਹੀ ਮਾਇਆ ਵਾਲੀ ਆਸ ਤੇ ਲਾਲਸਾ ਮਿਟਦੀਆਂ ਹਨ, ਤ੍ਰਿਗੁਣੀ ਮਾਇਆ ਦੀਆਂ ਆਸਾਂ ਤੋਂ ਨਿਰਲੇਪ ਰਹਿ ਸਕੀਦਾ ਹੈ।

16322	356	ਤੁਰੀਆਵਸਥਾ ਗੁਰਮੁਖਿ ਪਾਈਐ ਸੰਤ ਸਭਾ ਕੀ ਓਟ ਲਹੀ॥੪॥	ਤੁਰੀਆ-ਵਸਥਾ। ਸਭਾ: ਪੋਲਾ ਬੋਲੋ	Thureeaavasathha a Guramukh Paaeeai Santh Sabhaa Kee Outt Lehee ||4||	The Gurmukh obtains the state of ecstasy, taking to the Shelter of the Saints' Congregation. ||4||	ਜਦੋਂ ਸਤਸੰਗ ਦਾ ਆਸਰਾ ਲਈਏ, ਜਦੋਂ ਗੁਰੂ ਦੇ ਦੱਸੇ ਹੋਏ ਰਾਹੇ ਤੁਰੀਏ, ਤਦੋਂ ਹੀ ਉਹ ਆਤਮਕ ਅਵਸਥਾ ਬਣਦੀ ਹੈ ਜਿਥੇ ਮਾਇਆ ਪੋਹ ਨ ਸਕੇ ॥੪॥
16323	356	ਗਿਆਨ ਧਿਆਨ ਸਗਲੇ ਸਭਿ ਜਪ ਤਪ ਜਿਸੁ ਹਰਿ ਹਿਰਦੈ ਅਲਖ ਅਭੇਵਾ॥	ਅ-ਲਖ: ਪੋਲਾ ਬੋਲੋ	Giaan Dhhiaan Sagalae Sabh Jap Thap Jis Har Hiradhai Alakh Abhaevaa ||	All wisdom and meditation, all chanting and penance, come to one whose heart is filled with the Invisible, Inscrutable Lord.	ਜਿਸ ਮਨੁੱਖ ਦੇ ਹਿਰਦੇ ਵਿਚ ਅਲੱਖ ਤੇ ਅਭੇਵ ਪਰਮਾਤਮਾ ਵੱਸ ਪਏ, ਉਸ ਨੂੰ ਮਾਨੋ ਸਾਰੇ ਜਪ ਤਪ ਗਿਆਨ ਧਿਆਨ ਪ੍ਰਾਪਤ ਹੋ ਗਏ।
16324	356	ਨਾਨਕ ਰਾਮ ਨਾਮਿ ਮਨੁ ਰਾਤਾ ਗੁਰਮਤਿ ਪਾਏ ਸਹਜ ਸੇਵਾ॥੫॥੨੨॥		Naanak Raam Naam Man Raathaa Guramath Paaeae Sehaj Saevaa ||5||22||	O Nanak, one whose mind is imbued with the Lord's Name, finds the Guru's Teachings, and intuitively serves. ||5||22||	ਹੇ ਨਾਨਕ! ਗੁਰੂ ਦੀ ਮਤਿ ਤੇ ਤੁਰਿਆਂ ਮਨ ਪ੍ਰਭੂ ਦੇ ਨਾਮ ਵਿਚ ਰੰਗਿਆ ਜਾਂਦਾ ਹੈ; ਮਨ ਅਡੋਲ ਅਵਸਥਾ ਵਿਚ ਟਿਕ ਕੇ ਸਿਮਰਨ ਕਰਦਾ ਹੈ ॥੫॥੨੨॥
16325	356	ਆਸਾ ਮਹਲਾ ੧ ਪੰਚਪਦੇ॥		Aasaa Mehalaa 1 Panchapadhae ||	Aasaa, First Mehl, Panch-Padas:	
16326	356	ਮੋਹੁ ਕੁਟੰਬੁ ਮੋਹੁ ਸਭ ਕਾਰ॥		Mohu Kuttanb Mohu Sabh Kaar ||	Your attachment to your family, your attachment to all your affairs	(ਹੇ ਭਾਈ!) ਮੋਹ (ਮਨੁੱਖ ਦੇ ਮਨ ਵਿਚ) ਪਰਵਾਰ ਦੀ ਮਮਤਾ ਪੈਦਾ ਕਰਦਾ ਹੈ, ਮੋਹ (ਜਗਤ ਦੀ) ਸਾਰੀ ਕਾਰ ਚਲਾ ਰਿਹਾ ਹੈ,

16327	356	ਮੋਹੁ ਤੁਮ ਤਜਹੁ ਸਗਲ ਵੇਕਾਰ॥੧॥		Mohu Thum Thajahu Sagal Vaekaar ||1||	- renounce all your attachments, for they are all corrupt. ||1||	(ਪਰ ਮੋਹ ਹੀ) ਵਿਕਾਰ ਪੈਦਾ ਕਰਦਾ ਹੈ, (ਇਸ ਵਾਸਤੇ) ਮੋਹ ਨੂੰ ਛੱਡ ॥੧॥
16328	356	ਮੋਹੁ ਅਰੁ ਭਰਮੁ ਤਜਹੁ ਤੁਮ੍ ਬੀਰ॥		Mohu Ar Bharam Thajahu Thumh Beer ||	Renounce your attachments and doubts, O brother,	ਹੇ ਭਾਈ! (ਦੁਨੀਆ ਦਾ) ਮੋਹ ਛੱਡ ਅਤੇ ਮਨ ਦੀ ਭਟਕਣਾ ਦੂਰ ਕਰ।
16329	356	ਸਾਚੁ ਨਾਮੁ ਰਿਦੇ ਰਵੈ ਸਰੀਰ॥੧॥ਰਹਾਉ॥	(ਰਵੈ) ਸਿਮਰਦਾ	Saach Naam Ridhae Ravai Sareer ||1|| Rehaao ||	And dwell upon the True Name within your heart and body. ||1||Pause||	(ਮੋਹ ਤਿਆਗਿਆਂ ਹੀ) ਮਨੁੱਖ ਪਰਮਾਤਮਾ ਦਾ ਅਟੱਲ ਨਾਮ ਹਿਰਦੇ ਵਿਚ ਸਿਮਰ ਸਕਦਾ ਹੈ ॥੧॥ ਰਹਾਉ ॥
16330	356	ਸਚੁ ਨਾਮੁ ਜਾ ਨਵ ਨਿਧਿ ਪਾਈ॥		Sach Naam Jaa Nav Nidhh Paaee ||	When one receives the nine treasures of the True Name,	ਜਦੋਂ ਮਨੁੱਖ ਪਰਮਾਤਮਾ ਦਾ ਸਦਾ-ਥਿਰ ਨਾਮ (-ਰੂਪ) ਨੌ-ਨਿਧਿ ਪ੍ਰਾਪਤ ਕਰ ਲੈਂਦਾ ਹੈ,
16331	356	ਰੋਵੈ ਪੂਤੁ ਨ ਕਲਪੈ ਮਾਈ॥੨॥	(ਕਲਪੀ) ਦੁਖੀ। ਨੰਨਾ ਦੇਲ੍ਹੀ ਦੀਵਾ	Rovai Pooth N Kalapai Maaee ||2||	His children do not weep, and his mother does not grieve. ||2||	(ਤਾਂ ਉਸ ਦਾ ਮਨ ਮਾਇਆ ਦਾ ਪੁੱਤਰ ਨਹੀਂ ਬਣਿਆ ਰਹਿੰਦਾ, ਫਿਰ) ਮਨ ਮਾਇਆ ਦੀ ਖ਼ਾਤਰ ਰੋਂਦਾ ਨਹੀਂ ਕਲਪਦਾ ਨਹੀਂ ॥੨॥
16332	356	ਏਤੁ ਮੋਹਿ ਡੂਬਾ ਸੰਸਾਰੁ॥		Eaeth Mohi Ddoobaa Sansaar ||	In this attachment, the world is drowning.	ਇਹ ਮੋਹ ਵਿਚ ਸਾਰਾ ਜਗਤ ਡੁੱਬਾ ਪਿਆ ਹੈ,
16333	356	ਗੁਰਮੁਖਿ ਕੋਈ ਉਤਰੈ ਪਾਰਿ॥੩॥		Guramukh Koee Outharai Paar ||3||	Few are the Gurmukhs who swim across. ||3||	ਕੋਈ ਵਿਰਲਾ ਮਨੁੱਖ ਜੋ ਗੁਰੂ ਦੇ ਦੱਸੇ ਰਸਤੇ ਤੇ ਤੁਰਦਾ ਹੈ (ਮੋਹ ਦੇ ਸਮੁੰਦਰ ਵਿਚੋਂ) ਪਾਰ ਲੰਘਦਾ ਹੈ ॥੩॥

16334	356	ਏਤੁ ਮੋਹਿ ਫਿਰਿ ਜੂਨੀ ਪਾਹਿ॥		Eaeth Mohi Fir Joonee Paahi ||	In this attachment, people are reincarnated over and over again.	(ਹੇ ਭਾਈ!) ਇਸ ਮੋਹ ਵਿਚ (ਫਸਿਆ ਹੋਇਆ) ਤੂੰ ਮੁੜ ਮੁੜ ਜੂਨਾਂ ਵਿਚ ਪਏਂਗਾ,
16335	356	ਮੋਹੇ ਲਾਗਾ ਜਮਪੁਰਿ ਜਾਹਿ॥੪॥		Mohae Laagaa Jam Pur Jaahi ||4||	Attached to emotional attachment, they go to the city of Death. ||4||	ਮੋਹ ਵਿਚ ਹੀ ਜਕੜਿਆ ਹੋਇਆ ਤੂੰ ਜਮਰਾਜ ਦੇ ਦੇਸ ਵਿਚ ਜਾਵੇਂਗਾ ॥੪॥
16336	356	ਗੁਰ ਦੀਖਿਆ ਲੇ ਜਪੁ ਤਪੁ ਕਮਾਹਿ॥		Gur Dheekhiaa Lae Jap Thap Kamaahi ||	You have received the Guru's Teachings - now practice meditation and penance.	ਜੇਹੜੇ ਬੰਦੇ (ਰਿਵਾਜੀ) ਗੁਰੂ ਦੀ ਸਿੱਖਿਆ ਲੈ ਕੇ ਜਪ ਤਪ ਕਮਾਂਦੇ ਹਨ,
16337	356	ਨਾ ਮੋਹੁ ਤੂਟੈ ਨਾ ਥਾਇ ਪਾਹਿ॥੫॥		Naa Mohu Thoottai Naa Thhaae Paahi ||5||	If attachment is not broken, no one is approved. ||5||	ਉਹਨਾਂ ਦਾ ਮੋਹ ਟੁੱਟਦਾ ਨਹੀਂ, (ਇਹਨਾਂ ਜਪਾਂ ਤਪਾਂ ਨਾਲ) ਉਹ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਨਹੀਂ ਹੁੰਦੇ ॥੫॥
16338	356	ਨਦਰਿ ਕਰੇ ਤਾ ਏਹੁ ਮੋਹੁ ਜਾਇ॥		Nadhar Karae Thaa Eaehu Mohu Jaae ||	But if He bestows His Glance of Grace, then this attachment departs.	ਜਿਸ ਮਨੁੱਖ ਉਤੇ ਪ੍ਰਭੂ ਮੇਹਰ ਦੀ ਨਜ਼ਰ ਕਰਦਾ ਹੈ, ਉਸ ਦਾ ਇਹ ਮੋਹ ਦੂਰ ਹੁੰਦਾ ਹੈ।
16339	356	ਨਾਨਕ ਹਰਿ ਸਿਉ ਰਹੈ ਸਮਾਇ॥੬॥੨੩॥		Naanak Har Sio Rehai Samaae ||6||23||	O Nanak, then one remains merged in the Lord. ||6||23||	ਹੇ ਨਾਨਕ! ਉਹ ਸਦਾ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦਾ ਹੈ ॥੬॥੨੩॥
16340	356	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	

16341	356	ਆਪਿ ਕਰੇ ਸਚੁ ਅਲਖ ਅਪਾਰੁ॥	ਅ-ਲਖ: ਪੋਲਾ ਬੋਲੋ	Aap Karae Sach Alakh Apaar ||	He Himself does everything, the True, Invisible, Infinite Lord.	(ਜੋ ਕੁਝ ਜਗਤ ਵਿਚ ਹੋ ਰਿਹਾ ਹੈ) ਸਦਾ ਕਾਇਮ ਰਹਿਣ ਵਾਲਾ ਅਲੱਖ ਬੇਅੰਤ ਪਰਮਾਤਮਾ (ਸਭ ਜੀਵਾਂ ਵਿਚ ਵਿਆਪਕ ਹੋ ਕੇ) ਆਪ ਕਰ ਰਿਹਾ ਹੈ।
16342	356	ਹਉ ਪਾਪੀ ਤੂੰ ਬਖਸਣਹਾਰੁ॥੧॥		Ho Paapee Thoon Bakhasanehaar ||1||	I am a sinner, You are the Forgiver. ||1||	(ਹੇ ਪ੍ਰਭੂ! ਇਹ ਅਟੱਲ ਨਿਯਮ ਭੁਲਾ ਕੇ) ਮੈਂ ਗੁਨਹਗਾਰ ਹਾਂ (ਪਰ ਫਿਰ ਭੀ) ਤੂੰ ਬਖ਼ਸ਼ਸ਼ ਕਰਨ ਵਾਲਾ ਹੈਂ ॥੧॥
16343	356	ਤੇਰਾ ਭਾਣਾ ਸਭੁ ਕਿਛੁ ਹੋਵੈ॥		Thaeraa Bhaanaa Sabh Kishh Hovai ||	By Your Will, everything come to pass.	ਜਗਤ ਵਿਚ ਜੋ ਕੁਝ ਹੁੰਦਾ ਹੈ ਸਭ ਕੁਝ ਉਹੀ ਹੁੰਦਾ ਹੈ ਜੋ (ਹੇ ਪ੍ਰਭੂ!) ਤੈਨੂੰ ਚੰਗਾ ਲੱਗਦਾ ਹੈ।
16344	356	ਮਨ ਹਠਿ ਕੀਚੈ ਅੰਤਿ ਵਿਗੋਵੈ॥੧॥ਰਹਾਉ॥		Manehath Keechai Anth Vigovai ||1|| Rehaao ||	One who acts in stubborn-mindedness is ruined in the end. ||1||Pause||	(ਪਰ ਇਹ ਅਟੱਲ ਸਚਾਈ ਵਿਸਾਰ ਕੇ) ਮਨੁੱਖ ਨਿਰੇ ਆਪਣੇ ਮਨ ਦੇ ਹਠ ਨਾਲ (ਭਾਵ, ਨਿਰੀ ਆਪਣੀ ਅਕਲ ਦਾ ਆਸਰਾ ਲੈ ਕੇ) ਕੰਮ ਕਰਨ ਤੇ ਆਖ਼ਰ ਖ਼ੁਆਰ ਹੁੰਦਾ ਹੈ ॥੧॥ ਰਹਾਉ ॥
16345	356	ਮਨਮੁਖ ਕੀ ਮਤਿ ਕੂੜਿ ਵਿਆਪੀ॥		Manamukh Kee Math Koorr Viaapee ||	The intellect of the self-willed manmukh is engrossed in falsehood.	(ਨਿਰੇ) ਆਪਣੇ ਮਨ ਦੇ ਪਿਛੇ ਤੁਰਨ ਵਾਲੇ ਮਨੁੱਖ ਦੀ ਅਕਲ ਮਾਇਆ ਦੇ ਮੋਹ ਵਿਚ ਫਸੀ ਰਹਿੰਦੀ ਹੈ,
16346	356	ਬਿਨੁ ਹਰਿ ਸਿਮਰਣ ਪਾਪਿ ਸੰਤਾਪੀ॥੨॥	(ਸੰਤਾਪੀ) ਦੁਖੀ	Bin Har Simaran Paap Santhaapee ||2||	Without the meditative remembrance of the Lord, it suffers in sin. ||2||	(ਇਸ ਤਰ੍ਹਾਂ) ਪ੍ਰਭੂ ਦੇ ਸਿਮਰਨ ਤੋਂ ਖੁੰਝ ਕੇ (ਮਾਇਆ ਦੇ ਲਾਲਚ ਵਿਚ ਕੀਤੇ) ਕਿਸੇ ਮੰਦ-ਕਰਮ ਦੇ ਕਾਰਨ ਦੁਖੀ ਹੁੰਦੀ ਹੈ ॥੨॥

16347	356	ਦੁਰਮਤਿ ਤਿਆਗਿ ਲਾਹਾ ਕਿਛੁ ਲੇਵਹੁ॥		Dhuramath Thiaag Laahaa Kishh Laevahu ||	Renounce evil-mindedness, and you shall reap the rewards.	(ਹੇ ਭਾਈ! ਮਾਇਆ ਦੇ ਮੋਹ ਵਿਚ ਫਸੀ) ਭੈੜੀ ਮਤਿ ਤਿਆਗ ਕੇ ਕੁਝ ਆਤਮਕ ਲਾਭ ਭੀ ਖੱਟੋ,
16348	356	ਜੋ ਉਪਜੈ ਸੋ ਅਲਖ ਅਭੇਵਹੁ॥੩॥	ਅ-ਲਖ:ਪੋਲਾ ਬੋਲੋ	Jo Oupajai So Alakh Abhaevahu ||3||	Whoever is born, comes through the Unknowable and Mysterious Lord. ||3||	(ਇਹ ਯਕੀਨ ਲਿਆਵੋ ਕਿ) ਜੋ ਕੁਝ ਪੈਦਾ ਹੋਇਆ ਹੈ, ਉਸ ਅਲਖ ਤੇ ਅਭੇਦ ਪ੍ਰਭੂ ਤੋਂ ਹੀ ਪੈਦਾ ਹੋਇਆ ਹੈ (ਭਾਵ, ਪਰਮਾਤਮਾ ਸਭ ਕੁਝ ਕਰਨ ਦੇ ਸਮਰੱਥ ਹੈ) ॥੩॥
16349	356	ਐਸਾ ਹਮਰਾ ਸਖਾ ਸਹਾਈ॥		Aisaa Hamaraa Sakhaa Sehaaee ||	Such is my Friend and Companion;	(ਅਸੀਂ ਜੀਵ ਮੁੜ ਮੁੜ ਭੁੱਲਦੇ ਹਾਂ ਤੇ ਆਪਣੀ ਅਕਲ ਤੇ ਮਾਣ ਕਰਦੇ ਹਾਂ, ਪਰ) ਸਾਡਾ ਮਿੱਤ੍ਰ ਪ੍ਰਭੂ ਸਦਾ ਸਹਾਇਤਾ ਕਰਨ ਵਾਲਾ ਹੈ।
16350	356	ਗੁਰ ਹਰਿ ਮਿਲਿਆ ਭਗਤਿ ਦ੍ਰਿੜਾਈ॥੪॥		Gur Har Miliaa Bhagath Dhrirraaee ||4||	Meeting with the Guru, the Lord, devotion was implanted within me. ||4||	(ਉਸ ਦੀ ਮੇਹਰ ਨਾਲ) ਜੋ ਮਨੁੱਖ ਗੁਰੂ ਨੂੰ ਮਿਲ ਪੈਂਦਾ ਹੈ, ਗੁਰੂ ਉਸ ਨੂੰ ਪਰਮਾਤਮਾ ਦੀ ਭਗਤੀ ਦੀ ਹੀ ਤਾਕੀਦ ਕਰਦਾ ਹੈ ॥੪॥
16351	356	ਸਗਲੀਂ ਸਉਦੀਂ ਤੋਟਾ ਆਵੈ॥		Sagalanaee Soudhanaee Thottaa Aavai ||	In all other transactions, one suffers loss.	(ਪ੍ਰਭੂ ਦਾ ਸਿਮਰਨ ਵਿਸਾਰ ਕੇ) ਸਾਰੇ ਦੁਨਿਆਵੀ ਸੌਦਿਆਂ ਵਿਚ ਘਾਟਾ ਹੀ ਘਾਟਾ ਹੈ (ਉਮਰ ਵਿਅਰਥ ਗੁਜ਼ਰਦੀ ਜਾਂਦੀ ਹੈ);

16352	356	ਨਾਨਕ ਰਾਮ ਨਾਮੁ ਮਨਿ ਭਾਵੈ॥੫॥੨੪॥		Naanak Raam Naam Man Bhaavai ||5||24||	The Name of the Lord is pleasing to Nanak's mind. ||5||24||	ਹੇ ਨਾਨਕ! (ਉਸ ਮਨੁੱਖ ਨੂੰ ਘਾਟਾ ਨਹੀਂ ਹੁੰਦਾ) ਜਿਸ ਦੇ ਮਨ ਵਿਚ ਪਰਮਾਤਮਾ ਦਾ ਨਾਮ ਪਿਆਰਾ ਲੱਗਦਾ ਹੈ ॥੫॥੨੪॥
16353	356	ਆਸਾ ਮਹਲਾ ੧ ਚਉਪਦੇ॥		Aasaa Mehalaa 1 Choupadhae ||	Aasaa, First Mehl, Chau-Padas:	
16354	356	ਵਿਦਿਆ ਵੀਚਾਰੀ ਤਾਂ ਪਰਉਪਕਾਰੀ॥		Vidhiaa Veechaaree Thaan Paroupakaaree ||	Contemplate and reflect upon knowledge, and you will become a benefactor to others.	(ਵਿਦਿਆ ਪ੍ਰਾਪਤ ਕਰ ਕੇ) ਜੋ ਮਨੁੱਖ ਦੂਜਿਆਂ ਨਾਲ ਭਲਾਈ ਕਰਨ ਵਾਲਾ ਹੋ ਗਿਆ ਹੈ ਤਾਂ ਹੀ ਸਮਝੋ ਕਿ ਉਹ ਵਿੱਦਿਆ ਪਾ ਕੇ ਵਿਚਾਰਵਾਨ ਬਣਿਆ ਹੈ।
16355	356	ਜਾਂ ਪੰਚ ਰਾਸੀ ਤਾਂ ਤੀਰਥ ਵਾਸੀ॥੧॥	(ਰਾਸੀ) ਵੱਸ	Jaan Panch Raasee Thaan Theerathh Vaasee ||1||	When you conquer the five passions, then you shall come to dwell at the sacred shrine of pilgrimage. ||1||	ਤੀਰਥਾਂ ਤੇ ਨਿਵਾਸ ਰੱਖਣ ਵਾਲਾ ਤਦੋਂ ਹੀ ਸਫਲ ਹੈ, ਜੇ ਉਸ ਨੇ ਪੰਜੇ ਕਾਮਾਦਿਕ ਵੱਸ ਕਰ ਲਏ ਹਨ ॥੧॥
16356	356	ਘੁੰਘਰੂ ਵਾਜੈ ਜੇ ਮਨੁ ਲਾਗੈ॥		Ghungharoo Vaajai Jae Man Laagai ||	You shall hear the vibrations of the tinkling bells, when your mind is held steady.	ਜੇ ਮੇਰਾ ਮਨ ਪ੍ਰਭੂ-ਚਰਨਾਂ ਵਿਚ ਜੁੜਨਾ ਸਿੱਖ ਗਿਆ ਹੈ ਤਦੋਂ ਹੀ (ਭਗਤੀਆ ਬਣ ਕੇ) ਘੁੰਘਰੂ ਵਜਾਣੇ ਸਫਲ ਹਨ।
16357	356	ਤਉ ਜਮੁ ਕਹਾ ਕਰੇ ਮੋ ਸਿਉ ਆਗੈ॥੧॥ਰਹਾਉ॥		Tho Jam Kehaa Karae Mo Sio Aagai ||1|| Rehaao ||	So what can the Messenger of Death do to me hereafter? ||1||Pause||	ਫਿਰ ਪਰਲੋਕ ਵਿਚ ਜਮ ਮੇਰਾ ਕੁਝ ਭੀ ਨਹੀਂ ਵਿਗਾੜ ਸਕਦਾ ॥੧॥ ਰਹਾਉ ॥

16358	356	ਆਸ ਨਿਰਾਸੀ ਤਉ ਸੰਨਿਆਸੀ॥		Aas Niraasee Tho Sanniaasee ||	When you abandon hope and desire, then you become a true Sannyaasi.	ਜੇ ਸਭ ਮਾਇਕ-ਆਸਾਂ ਵਲੋਂ ਉਪਰਾਮ ਹੈ ਤਾਂ ਸਮਝੋ ਇਹ ਸੰਨਿਆਸੀ ਹੈ।
16359	356	ਜਾਂ ਜਤੁ ਜੋਗੀ ਤਾਂ ਕਾਇਆ ਭੋਗੀ॥੨॥		Jaan Jath Jogee Thaan Kaaeiaa Bhogee ||2||	When the Yogi practices abstinence, then he enjoys his body. ||2||	ਜੇ (ਗ੍ਰਿਹਸਤੀ ਹੁੰਦਿਆਂ) ਜੋਗੀ ਵਾਲਾ ਜਤ (ਕਾਇਮ) ਹੈ ਤਾਂ ਉਸ ਨੂੰ ਅਸਲ ਗ੍ਰਿਹਸਤੀ ਜਾਣੋ ॥੨॥
16360	356	ਦਇਆ ਦਿਗੰਬਰੁ ਦੇਹ ਬੀਚਾਰੀ॥	(ਦਿਗੰਬਰੁ) ਨਾਂਗਾ	Dhaeiaa Dhiganbar Dhaeh Beechaaree ||	Through compassion, the naked hermit reflects upon his inner self.	ਜੇ (ਹਿਰਦੇ ਵਿਚ) ਦਇਆ ਹੈ, ਜੇ ਸਰੀਰ ਨੂੰ (ਵਿਕਾਰਾਂ ਵਲੋਂ ਪਵਿੱਤ੍ਰ ਰੱਖਣ ਦੀ) ਵਿਚਾਰ ਵਾਲਾ ਭੀ ਹੈ, ਤਾਂ ਉਹ ਅਸਲ ਦਿਗੰਬਰ (ਨਾਂਗਾ ਜੈਨੀ);
16361	356	ਆਪਿ ਮਰੈ ਅਵਰਾ ਨਹ ਮਾਰੀ॥੩॥		Aap Marai Avaraa Neh Maaree ||3||	He slays his own self, instead of slaying others. ||3||	ਜੋ ਮਨੁੱਖ ਆਪ (ਵਿਕਾਰਾਂ ਵਲੋਂ) ਮਰਿਆ ਹੋਇਆ ਹੈ ਉਹੀ ਹੈ (ਅਸਲ ਅਹਿੰਸਾ-ਵਾਦੀ) ਜੋ ਹੋਰਨਾਂ ਨੂੰ ਨਹੀਂ ਮਾਰਦਾ ॥੩॥
16362	356	ਏਕੁ ਤੂ ਹੋਰਿ ਵੇਸ ਬਹੁਤੇਰੇ॥		Eaek Thoo Hor Vaes Bahuthaerae ||	You, O Lord, are the One, but You have so many Forms.	(ਪਰ ਕਿਸੇ ਨੂੰ ਮੰਦਾ ਨਹੀਂ ਕਿਹਾ ਜਾ ਸਕਦਾ, ਹੇ ਪ੍ਰਭੂ!) ਇਹ ਸਾਰੇ ਤੇਰੇ ਹੀ ਅਨੇਕਾਂ ਵੇਸ ਹਨ, ਹਰੇਕ ਵੇਸ ਵਿਚ ਤੂੰ ਆਪ ਮੌਜੂਦ ਹੈਂ।
16363	356	ਨਾਨਕੁ ਜਾਣੈ ਚੋਜ ਨ ਤੇਰੇ॥੪॥੨੫॥	(ਚੋਜ) ਕੌਤਕ	Naanak Jaanai Choj N Thaerae ||4||25||	Nanak does not know Your wondrous plays. ||4||25||	ਨਾਨਕ (ਵਿਚਾਰਾ) ਤੇਰੇ ਕੌਤਕ-ਤਮਾਸ਼ੇ ਸਮਝ ਨਹੀਂ ਸਕਦਾ ॥੪॥੨੫॥
16364	356	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	

16365	356	ਏਕ ਨ ਭਰੀਆ ਗੁਣ ਕਰਿ ਧੋਵਾ॥	ਇੱਕ ਔਗੁਣ ਨਾਲ ਨਹੀਂ (ਭਰੀਆ) ਭਰੀ, ਬਹੁਤੇ ਔਗੁਣਾਂ ਨਾਲ ਭਰੀ ਹੋਈ ਹਾਂ, ਕਿਸ ਗੁਣ ਕਰਕੇ ਧੋਵਾਂ, ਭਾਵ ਕੋਈ ਭੀ ਗੁਣ ਨਹੀਂ	Eaek N Bhareeaa Gun Kar Dhhovaa ||	I am not stained by only one sin, that could be washed clean by virtue.	ਮੈਂ ਕਿਸੇ ਸਿਰਫ਼ ਇੱਕ ਔਗੁਣ ਨਾਲ ਲਿੱਬੜੀ ਹੋਈ ਨਹੀਂ ਹਾਂ ਕਿ ਆਪਣੇ ਅੰਦਰ ਗੁਣ ਪੈਦਾ ਕਰ ਕੇ ਉਸ ਇੱਕ ਔਗੁਣ ਨੂੰ ਧੋ ਸਕਾਂ (ਮੇਰੇ ਅੰਦਰ ਤਾਂ ਬੇਅੰਤ ਔਗੁਣ ਹਨ ਕਿਉਂਕਿ)
16366	356	ਮੇਰਾ ਸਹੁ ਜਾਗੈ ਹਉ ਨਿਸਿ ਭਰਿ ਸੋਵਾ॥੧॥	(ਨਿਸਿ) ਰਾਤ	Maeraa Sahu Jaagai Ho Nis Bhar Sovaa ||1||	My Husband Lord is awake, while I sleep through the entire night of my life. ||1||	ਮੈਂ ਤਾਂ ਸਾਰੀ ਉਮਰ-ਰਾਤ ਹੀ (ਮੋਹ ਦੀ ਨੀਂਦ ਵਿਚ ਸੁੱਤੀ ਰਹੀ ਹਾਂ, ਤੇ ਮੇਰਾ ਖਸਮ-ਪ੍ਰਭੂ ਜਾਗਦਾ ਰਹਿੰਦਾ ਹੈ (ਉਸ ਦੇ ਨੇੜੇ ਮੋਹ ਢੁਕ ਹੀ ਨਹੀਂ ਸਕਦਾ) ॥੧॥
16367	356	ਇਉ ਕਿਉ ਕੰਤ ਪਿਆਰੀ ਹੋਵਾ॥		Eio Kio Kanth Piaaree Hovaa ||	In this way, how can I become dear to my Husband Lord?	ਅਜੇਹੀ ਹਾਲਤ ਵਿਚ ਮੈਂ ਖਸਮ-ਪ੍ਰਭੂ ਨੂੰ ਕਿਵੇਂ ਪਿਆਰੀ ਲੱਗ ਸਕਦੀ ਹਾਂ?
16368	356	ਸਹੁ ਜਾਗੈ ਹਉ ਨਿਸ ਭਰਿ ਸੋਵਾ॥੧॥ਰਹਾਉ॥		Sahu Jaagai Ho Nis Bhar Sovaa ||1|| Rehaao ||	My Husband Lord remains awake, while I sleep through the entire night of my life. ||1||Pause||	ਖਸਮ ਜਾਗਦਾ ਹੈ ਤੇ ਮੈਂ ਸਾਰੀ ਰਾਤ ਸੁੱਤੀ ਰਹਿੰਦੀ ਹਾਂ ॥੧॥ ਰਹਾਉ ॥
16369	357	ਆਸ ਪਿਆਸੀ ਸੇਜੈ ਆਵਾ॥		Aas Piaasee Saejai Aavaa ||	With hope and desire, I approach His Bed,	ਮੈਂ ਸੇਜ ਤੇ ਆਉਂਦੀ ਹਾਂ (ਮੈਂ ਹਿਰਦੇ-ਸੇਜ ਵਲ ਪਰਤਦੀ ਹਾਂ, ਪਰ ਅਜੇ ਭੀ) ਦੁਨੀਆ ਦੀਆਂ ਆਸਾਂ ਦੀ ਪਿਆਸ ਨਾਲ ਮੈਂ ਵਿਆਕੁਲ ਹਾਂ।

16370	357	ਆਗੈ ਸਹ ਭਾਵਾ ਕਿ ਨ ਭਾਵਾ॥੨॥		Aagai Seh Bhaavaa K N Bhaavaa ||2||	But I do not know whether He will be pleased with me or not. ||2||	(ਅਜੇਹੀ ਆਤਮਕ ਦਸ਼ਾ ਨਾਲ ਕਿਵੇਂ ਯਕੀਨ ਬਣੇ ਕਿ) ਮੈਂ ਖਸਮ-ਪ੍ਰਭੂ ਨੂੰ ਪਸੰਦ ਆਵਾਂ ਕਿ ਨਾਹ ਪਸੰਦ ਆਵਾਂ ॥੨॥
16371	357	ਕਿਆ ਜਾਨਾ ਕਿਆ ਹੋਇਗਾ ਰੀ ਮਾਈ॥		Kiaa Jaanaa Kiaa Hoeigaa Ree Maaee ||	How do I know what will happen to me, O my mother?	ਹੇ ਮਾਂ! (ਸਾਰੀ ਉਮਰ ਮਾਇਆ ਦੀ ਨੀਂਦ ਵਿਚ ਸੁੱਤੀ ਰਹਿਣ ਕਰ ਕੇ) ਮੈਨੂੰ ਸਮਝ ਨਹੀਂ ਆਉਂਦੀ ਕਿ ਮੇਰਾ ਕੀਹ ਬਣੇਗਾ,
16372	357	ਹਰਿ ਦਰਸਨ ਬਿਨੁ ਰਹਨੁ ਨ ਜਾਈ॥੧॥ਰਹਾਉ॥		Har Dharasan Bin Rehan N Jaaee ||1|| Rehaao ||	Without the Blessed Vision of the Lord's Darshan, I cannot survive. ||1||Pause||	(ਮੈਨੂੰ ਪਤੀ-ਪ੍ਰਭੂ ਪਰਵਾਨ ਕਰੇਗਾ ਕਿ ਨਹੀਂ, ਪਰ ਹੁਣ) ਪ੍ਰਭੂ-ਪਤੀ ਦੇ ਦਰਸ਼ਨ ਤੋਂ ਬਿਨਾ ਮੈਨੂੰ ਧਰਵਾਸ ਭੀ ਨਹੀਂ ਬੱਝਦਾ ॥੧॥ ਰਹਾਉ ॥
16373	357	ਪ੍ਰੇਮੁ ਨ ਚਾਖਿਆ ਮੇਰੀ ਤਿਸ ਨ ਬੁਝਾਨੀ॥	ਦਰਸ਼ਨਾਂ ਦੀ (ਤਿਸ) ਪਿਆਸ। ਬੁਝਾਨੀ: ਪੋਲਾ ਬੋਲੋ	Praem N Chaakhiaa Maeree This N Bujhaanee ||	I have not tasted His Love, and my thirst is not quenched.	(ਹੇ ਮਾਂ! ਸਾਰੀ ਉਮਰ) ਮੈਂ ਪ੍ਰਭੂ-ਪਤੀ ਦੇ ਪ੍ਰੇਮ ਦਾ ਸੁਆਦ ਨ ਚੱਖਿਆ; ਇਸੇ ਕਰਕੇ ਮੇਰੀ ਮਾਇਆ ਵਾਲੀ ਤ੍ਰਿਸ਼ਨਾ (ਦੀ ਅੱਗ) ਨਹੀਂ ਬੁੱਝ ਸਕੀ।
16374	357	ਗਇਆ ਸੁ ਜੋਬਨੁ ਧਨ ਪਛੁਤਾਨੀ॥੩॥	ਗਇਆ	Gaeiaa S Joban Dhhan Pashhuthaanee ||3||	My beautiful youth has run away, and now I, the soul-bride, repent and regret. ||3||	ਮੇਰੀ ਜਵਾਨੀ ਲੰਘ ਗਈ ਹੈ, ਹੁਣ ਮੇਰੀ ਜਿੰਦ ਪਛਤਾਵਾ ਕਰ ਰਹੀ ਹੈ ॥੩॥
16375	357	ਅਜੈ ਸੁ ਜਾਗਉ ਆਸ ਪਿਆਸੀ॥	(ਅਜੈ) ਹੁਣ	Ajai S Jaago Aas Piaasee ||	Even now, I am held by hope and desire.	(ਹੇ ਮਾਂ! ਜਵਾਨੀ ਤਾਂ ਲੰਘ ਗਈ ਹੈ, ਪਰ ਅਰਦਾਸ ਕਰ) ਅਜੇ ਭੀ ਮੈਂ ਮਾਇਆ ਦੀਆਂ ਆਸਾਂ ਦੀ ਪਿਆਸ ਵਲੋਂ-

16376	357	ਭਈਲੇ ਉਦਾਸੀ ਰਹਉ ਨਿਰਾਸੀ॥੧॥ਰਹਾਉ ॥	ਭਈ-ਲੇ	Bheelae Oudhaasee Reho Niraasee ||1|| Rehaao ||	I am depressed; I have no hope at all. ||1||Pause||	ਉਪਰਾਮ ਹੋ ਕੇ ਮਾਇਆ ਦੀਆਂ ਆਸਾਂ ਲਾਹ ਕੇ ਜੀਵਨ ਗੁਜ਼ਾਰਾਂ (ਸ਼ਾਇਦ ਮੇਹਰ ਕਰ ਹੀ ਦੇਵੇ) ॥੧॥ ਰਹਾਉ ॥
16377	357	ਹਉਮੈ ਖੋਇ ਕਰੇ ਸੀਗਾਰੁ॥		Houmai Khoe Karae Seegaar ||	She overcomes her egotism, and adorns herself;	ਜਦੋਂ ਜੀਵ-ਇਸਤ੍ਰੀ ਹਉਮੈ ਗਵਾਂਦੀ ਹੈ ਜਦੋਂ ਜਿੰਦ ਨੂੰ ਸੁੰਦਰ ਬਣਾਨ ਦਾ ਇਹ ਉੱਦਮ ਕਰਦੀ ਹੈ,
16378	357	ਤਉ ਕਾਮਣਿ ਸੇਜੈ ਰਵੈ ਭਤਾਰੁ॥੪॥	ਕਾੱਮਣਿ	Tho Kaaman Saejai Ravai Bhathaar ||4||	The Husband Lord now ravishes and enjoys the soul-bride on His Bed. ||4||	ਤਦੋਂ ਉਸ ਜੀਵ-ਇਸਤ੍ਰੀ ਨੂੰ ਖਸਮ-ਪ੍ਰਭੂ ਉਸ ਦੀ ਹਿਰਦਾ-ਸੇਜ ਤੇ ਆ ਕੇ ਮਿਲਦਾ ਹੈ ॥੪॥
16379	357	ਤਉ ਨਾਨਕ ਕੰਤੈ ਮਨਿ ਭਾਵੈ॥		Tho Naanak Kanthai Man Bhaavai ||	Then, O Nanak, the bride becomes pleasing to the Mind of her Husband Lord;	ਹੇ ਨਾਨਕ! ਤਦੋਂ ਹੀ ਜੀਵ-ਇਸਤ੍ਰੀ ਖਸਮ-ਪ੍ਰਭੂ ਦੇ ਮਨ ਵਿਚ ਚੰਗੀ ਲੱਗਦੀ ਹੈ,
16380	357	ਛੋਡਿ ਵਡਾਈ ਅਪਣੇ ਖਸਮ ਸਮਾਵੈ॥੧॥ਰਹਾਉ॥ ੨੬॥		Shhodd Vaddaaee Apanae Khasam Samaavai ||1|| Rehaao ||26||	She sheds her self-conceit, and is absorbed in her Lord and Master. ||1||Pause||26||	ਜਦੋਂ ਮਾਣ-ਵਡਿਆਈ ਛੱਡ ਕੇ ਆਪਣੇ ਖਸਮ ਦੀ ਰਜ਼ਾ ਵਿਚ ਲੀਨ ਹੁੰਦੀ ਹੈ ॥੧॥ ਰਹਾਉ ॥੨੬॥
16381	357	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	

16382	357	ਪੇਵਕੜੈ ਧਨ ਖਰੀ ਇਆਣੀ॥		Paevakarrai Dhhan Kharee Eiaanee ||	In this world of my father's house I the soul-bride, have been very childish;	ਪਰ ਜਗਤ ਦੇ ਮੋਹ ਵਿਚ ਫਸ ਕੇ ਜੀਵ-ਇਸਤ੍ਰੀ ਬਹੁਤ ਮੂਰਖ ਰਹਿੰਦੀ ਹੈ।
16383	357	ਤਿਸੁ ਸਹ ਕੀ ਮੈ ਸਾਰ ਨ ਜਾਣੀ॥੧॥		This Seh Kee Mai Saar N Jaanee ||1||	I did not realize the value of my Husband Lord. ||1||	(ਇਸ ਮੋਹ ਵਿਚ ਫਸ ਕੇ ਹੀ) ਮੈਂ ਉਸ ਖਸਮ-ਪ੍ਰਭੂ (ਦੀ ਮੇਹਰ ਦੀ ਨਜ਼ਰ) ਦੀ ਕਦਰ ਨਹੀਂ ਸਮਝ ਸਕੀ (ਤੇ ਉਸ ਦੇ ਚਰਨਾਂ ਤੋਂ ਵਿਛੁੜੀ ਰਹੀ) ॥੧॥
16384	357	ਸਹੁ ਮੇਰਾ ਏਕੁ ਦੂਜਾ ਨਹੀ ਕੋਈ॥		Sahu Maeraa Eaek Dhoojaa Nehee Koee ||	My Husband is the One; there is no other like Him.	ਮੇਰਾ ਖਸਮ-ਪ੍ਰਭੂ ਹਰ ਵੇਲੇ ਇਕ-ਰਸ ਰਹਿੰਦਾ ਹੈ, ਉਸ ਵਰਗਾ ਹੋਰ ਕੋਈ ਨਹੀਂ ਹੈ।
16385	357	ਨਦਰਿ ਕਰੇ ਮੇਲਾਵਾ ਹੋਈ॥੧॥ਰਹਾਉ॥		Nadhar Karae Maelaavaa Hoee ||1|| Rehaao ||	If He bestows His Glance of Grace, then I shall meet Him. ||1||Pause||	ਉਹ ਸਦਾ ਮੇਹਰ ਦੀ ਨਜ਼ਰ ਕਰਦਾ ਹੈ (ਉਸ ਦੀ ਮੇਹਰ ਦੀ ਨਜ਼ਰ ਨਾਲ ਹੀ) ਮੇਰਾ ਉਸ ਨਾਲ ਮਿਲਾਪ ਹੋ ਸਕਦਾ ਹੈ ॥੧॥ ਰਹਾਉ ॥
16386	357	ਸਾਹੁਰੜੈ ਧਨ ਸਾਚੁ ਪਛਾਣਿਆ॥		Saahurarrai Dhhan Saach Pashhaaniaa ||	In the next world of my in-law's house, I, the the soul-bride, shall realize Truth;	ਜੇਹੜੀ ਜੀਵ-ਇਸਤ੍ਰੀ ਜਗਤ ਦੇ ਮੋਹ ਤੋਂ ਨਿਕਲ ਕੇ ਪ੍ਰਭੂ-ਚਰਨਾਂ ਵਿਚ ਜੁੜਦੀ ਹੈ ਉਹ (ਪ੍ਰਭੂ ਦੀ ਮਿਹਰ ਦੀ ਨਜ਼ਰ ਨਾਲ) ਉਸ ਸਦਾ-ਥਿਰ ਪ੍ਰਭੂ (ਦੀ ਕਦਰ) ਪਛਾਣ ਲੈਂਦੀ ਹੈ;
16387	357	ਸਹਜਿ ਸੁਭਾਇ ਅਪਣਾ ਪਿਰੁ ਜਾਣਿਆ॥੨॥		Sehaj Subhaae Apanaa Pir Jaaniaa ||2||	I shall come to know the celestial peace of my Husband Lord. ||2||	ਅਡੋਲ ਅਵਸਥਾ ਵਿਚ ਟਿਕ ਕੇ ਪ੍ਰੇਮ ਵਿਚ ਜੁੜ ਕੇ ਉਹ ਆਪਣੇ ਖਸਮ-ਪ੍ਰਭੂ ਨਾਲ ਡੂੰਘੀ ਸਾਂਝ ਪਾ ਲੈਂਦੀ ਹੈ ॥੨॥

16388	357	ਗੁਰ ਪਰਸਾਦੀ ਐਸੀ ਮਤਿ ਆਵੈ॥		Gur Parasaadhee Aisee Math Aavai ||	By Guru's Grace, such wisdom comes to me,	ਜਦੋਂ ਗੁਰੂ ਦੀ ਕਿਰਪਾ ਨਾਲ (ਜੀਵ-ਇਸਤ੍ਰੀ ਨੂੰ) ਅਜੇਹੀ ਅਕਲ ਆ ਜਾਂਦੀ ਹੈ (ਕਿ ਉਹ ਜਗਤ ਦਾ ਮੋਹ ਛੱਡ ਕੇ ਪ੍ਰਭੂ-ਚਰਨਾਂ ਵਿਚ ਜੁੜਨ ਦਾ ਉੱਦਮ ਕਰਦੀ ਹੈ)
16389	357	ਤਾਂ ਕਾਮਣਿ ਕੰਤੈ ਮਨਿ ਭਾਵੈ॥੩॥		Thaan Kaaman Kanthai Man Bhaavai ||3||	So that the soul-bride becomes pleasing to the Mind of the Husband Lord. ||3||	ਤਦੋਂ ਜੀਵ-ਇਸਤ੍ਰੀ ਕੰਤ-ਪ੍ਰਭੂ ਦੇ ਮਨ ਵਿਚ ਚੰਗੀ ਲੱਗਣ ਲੱਗ ਪੈਂਦੀ ਹੈ ॥੩॥
16390	357	ਕਹਤੁ ਨਾਨਕੁ ਭੈ ਭਾਵ ਕਾ ਕਰੇ ਸੀਗਾਰੁ॥		Kehath Naanak Bhai Bhaav Kaa Karae Seegaar ||	Says Nanak, she who adorns herself with the Love and the Fear of God,	ਨਾਨਕ ਆਖਦਾ ਹੈ- ਜੇਹੜੀ ਜੀਵ-ਇਸਤ੍ਰੀ ਪਰਮਾਤਮਾ ਦੇ ਡਰ ਦਾ ਤੇ ਪ੍ਰੇਮ ਦਾ ਸਿੰਗਾਰ ਬਣਾਂਦੀ ਹੈ,
16391	357	ਸਦ ਹੀ ਸੇਜੈ ਰਵੈ ਭਤਾਰੁ॥੪॥੨੭॥		Sadh Hee Saejai Ravai Bhathaar ||4||27||	Enjoys her Husband Lord forever on His Bed. ||4||27||	ਉਸ ਦੀ ਹਿਰਦੇ-ਸੇਜ ਉਤੇ ਪ੍ਰਭੂ-ਪਤੀ ਸਦਾ ਟਿਕਿਆ ਰਹਿੰਦਾ ਹੈ ॥੪॥੨੭॥
16392	357	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16393	357	ਨ ਕਿਸ ਕਾ ਪੂਤੁ ਨ ਕਿਸ ਕੀ ਮਾਈ॥		N Kis Kaa Pooth N Kis Kee Maaee ||	No one is anyone else's son, and no one is anyone else's mother.	ਅਸਲ ਵਿਚ ਨਾਹ ਮਾਂ ਨਾਹ ਪੁੱਤਰ ਕੋਈ ਭੀ ਕਿਸੇ ਦਾ ਪੱਕਾ ਸਾਥੀ ਨਹੀਂ ਹੈ।

16394	357	ਝੂਠੈ ਮੋਹਿ ਭਰਮਿ ਭੁਲਾਈ॥੧॥		Jhoothai Mohi Bharam Bhulaaee ||1||	Through false attachments, people wander around in doubt. ||1||	(ਪਰ) ਝੂਠੇ ਮੋਹ ਦੇ ਕਾਰਨ ਦੁਨੀਆ ਭਟਕਣਾ ਵਿਚ ਪੈ ਕੇ ਕੁਰਾਹੇ ਪਈ ਹੋਈ ਹੈ (ਮਾਂ ਪਿਉ ਪੁਤ੍ਰ ਆਦਿਕ ਨੂੰ ਹੀ ਆਪਣਾ ਸਦਾ ਸਾਥੀ ਜਾਣ ਕੇ ਜੀਵ ਪਰਮਾਤਮਾ ਨੂੰ ਵਿਸਾਰੀ ਬੈਠਾ ਹੈ) ॥੧॥
16395	357	ਮੇਰੇ ਸਾਹਿਬ ਹਉ ਕੀਤਾ ਤੇਰਾ॥		Maerae Saahib Ho Keethaa Thaeraa ||	O My Lord and Master, I am created by You.	ਹੇ ਮੇਰੇ ਮਾਲਿਕ-ਪ੍ਰਭੂ! ਮੈਂ ਤੇਰਾ ਪੈਦਾ ਕੀਤਾ ਹੋਇਆ ਹਾਂ (ਮੇਰੀਆਂ ਸਾਰੀਆਂ ਸਰੀਰਕ ਤੇ ਆਤਮਕ ਲੋੜਾਂ ਤੂੰ ਹੀ ਜਾਣਦਾ ਹੈਂ ਤੇ ਪੂਰੀਆਂ ਕਰਨ ਦੇ ਸਮਰੱਥ ਹੈਂ।
16396	357	ਜਾਂ ਤੂੰ ਦੇਹਿ ਜਪੀ ਨਾਉ ਤੇਰਾ॥੧॥ਰਹਾਉ॥		Jaan Thoon Dhaehi Japee Naao Thaeraa ||1|| Rehaao ||	If You give it to me, I will chant Your Name. ||1||Pause||	ਮੇਰੇ ਆਤਮਕ ਜੀਵਨ ਦੀ ਖ਼ਾਤਰ) ਜਦੋਂ ਤੂੰ ਮੈਨੂੰ ਆਪਣਾ ਨਾਮ ਦੇਂਦਾ ਹੈਂ, ਤਦੋਂ ਹੀ ਮੈਂ ਜਪ ਸਕਦਾ ਹਾਂ ॥੧॥ ਰਹਾਉ ॥
16397	357	ਬਹੁਤੇ ਅਉਗਣ ਕੂਕੈ ਕੋਈ॥		Bahuthae Aougan Kookai Koee ||	That person who is filled with all sorts of sins may pray at the Lord's Door	ਅਨੇਕਾਂ ਹੀ ਪਾਪ ਕੀਤੇ ਹੋਏ ਹੋਣ, ਫਿਰ ਭੀ ਜੇ ਕੋਈ ਮਨੁੱਖ (ਪਰਮਾਤਮਾ ਦੇ ਦਰ ਤੇ) ਅਰਜ਼ੋਈ ਕਰਦਾ ਹੈ (ਪਰਮਾਤਮਾ ਪੈਦਾ ਕੀਤੇ ਦੀ ਲਾਜ ਰੱਖਦਾ ਹੈ)

16398	357	ਜਾ ਤਿਸੁ ਭਾਵੈ ਬਖਸੇ ਸੋਈ॥੨॥		Jaa This Bhaavai Bakhasae Soee ||2||	But he is forgiven only when the Lord so wills. ||2||	ਜਦੋਂ ਉਸ ਨੂੰ (ਉਸ ਅੱਤ ਵਿਕਾਰੀ ਦੀ ਭੀ ਅਰਜ਼ੋਈ) ਪਸੰਦ ਆਉਂਦੀ ਹੈ ਤਾਂ ਉਹ ਬਖ਼ਸ਼ਸ਼ ਕਰਦਾ ਹੈ (ਤੇ ਉਸ ਦੇ ਆਤਮਕ ਜੀਵਨ ਵਾਸਤੇ ਉਸ ਨੂੰ ਆਪਣੇ ਨਾਮ ਦੀ ਦਾਤਿ ਦੇਂਦਾ ਹੈ) ॥੨॥
16399	357	ਗੁਰ ਪਰਸਾਦੀ ਦੁਰਮਤਿ ਖੋਈ॥		Gur Parasaadhee Dhuramath Khoee ||	By Guru's Grace, evil-mindedness is destroyed.	ਗੁਰੂ ਦੀ ਕਿਰਪਾ ਨਾਲ ਸਾਡੀ ਖੋਟੀ ਮਤਿ ਨਾਸ ਹੁੰਦੀ ਹੈ।
16400	357	ਜਹ ਦੇਖਾ ਤਹ ਏਕੋ ਸੋਈ॥੩॥		Jeh Dhaekhaa Theh Eaeko Soee ||3||	Wherever I look, there I find the One Lord. ||3||	(ਹੁਣ) ਮੈਂ ਜਿਧਰ ਵੇਖਦਾ ਹਾਂ ਉਧਰ (ਸਭ ਜੀਵਾਂ ਨੂੰ ਪੈਦਾ ਕਰਨ ਵਾਲਾ) ਉਹ ਪਰਮਾਤਮਾ ਹੀ ਵਿਆਪਕ ਵੇਖਦਾ ਹਾਂ ॥੩॥
16401	357	ਕਹਤ ਨਾਨਕ ਐਸੀ ਮਤਿ ਆਵੈ॥		Kehath Naanak Aisee Math Aavai ||	Says Nanak, if one comes to such an understanding,	ਨਾਨਕ ਆਖਦਾ ਹੈ- ਜਦੋਂ (ਪ੍ਰਭੂ ਦੀ ਆਪਣੀ ਹੀ ਮੇਹਰ ਨਾਲ ਗੁਰੂ ਦੀ ਰਾਹੀਂ) ਜੀਵ ਨੂੰ ਅਜੇਹੀ ਅਕਲ ਆ ਜਾਵੇ,
16402	357	ਤਾਂ ਕੋ ਸਚੇ ਸਚਿ ਸਮਾਵੈ॥੪॥੨੮॥		Thaan Ko Sachae Sach Samaavai ||4||28||	Then he is absorbed into the Truest of the True. ||4||28||	ਕਿ ਹਰ ਪਾਸੇ ਉਸ ਨੂੰ ਪਰਮਾਤਮਾ ਹੀ ਦਿੱਸੇ, ਤਾਂ ਜੀਵ ਸਦਾ ਉਸ ਸਦਾ-ਥਿਰ ਪ੍ਰਭੂ ਦੀ ਯਾਦ ਵਿਚ ਲੀਨ ਰਹਿੰਦਾ ਹੈ ॥੪॥੨੮॥
16403	357	ਆਸਾ ਮਹਲਾ ੧ ਦੁਪਦੇ॥		Aasaa Mehalaa 1 Dhupadhae ||	Aasaa, First Mehl, Du-Padas:	

16404	357	ਤਿਤੁ ਸਰਵਰੜੈ ਭਈਲੇ ਨਿਵਾਸਾ ਪਾਣੀ ਪਾਵਕੁ ਤਿਨਹਿ ਕੀਆ॥	ਸੰਸਾਰ (ਸਰਵਰੜੈ) ਸਮੁੰਦਰ	Thith Saravararrai Bheelae Nivaasaa Paanee Paavak Thinehi Keeaa ||	In that pool of the world, the people have their homes; there, the Lord has created water and fire.	(ਸਾਡੀ ਜੀਵਾਂ ਦੀ) ਉਸ ਭਿਆਨਕ ਸਰੋਵਰ ਵਿਚ ਵੱਸੋਂ ਹੈ ਜਿਸ ਵਿਚ ਉਸ ਪ੍ਰਭੂ ਨੇ ਆਪ ਹੀ ਪਾਣੀ ਦੇ ਥਾਂ (ਤ੍ਰਿਸ਼ਨਾ ਦੀ) ਅੱਗ ਪੈਦਾ ਕੀਤੀ ਹੈ,
16405	357	ਪੰਕ ਜੁ ਮੋਹ ਪਗੁ ਨਹੀ ਚਾਲੈ ਹਮ ਦੇਖਾ ਤਹ ਡੂਬੀਅਲੇ॥੧॥	ਮੋਹ ਰੂਪੀ (ਪੰਕ) ਚਿਕੜ। (ਜੁ)ਪੈਦਾ ਹੋ ਰਿਹਾ ਹੈ। ਮਨ ਰੂਪੀ (ਪਗੁ) ਪੈਰ। ਰਾਮ ਜੀ ਵੱਲ ਨਹੀਂ (ਚਾਲੈ) ਚੱਲਦਾ	Pankaj Moh Pag Nehee Chaalai Ham Dhaekhaa Theh Ddoobeealae ||1||	In the mud of earthly attachment, their feet have become mired, and I have seen them drowning there. ||1||	(ਤੇ ਉਸ ਸਰੋਵਰ ਵਿਚ) ਜੋ ਮੋਹ ਦਾ ਚਿੱਕੜ ਹੈ (ਉਸ ਵਿਚ ਜੀਵਾਂ ਦਾ) ਪੈਰ ਚਲ ਨਹੀਂ ਸਕਦਾ (ਭਾਵ, ਜੀਵ ਮੋਹ ਦੇ ਚਿੱਕੜ ਵਿਚ ਫਸੇ ਪਏ ਹਨ), ਸਾਡੇ ਸਾਹਮਣੇ ਹੀ ਕਈ ਜੀਵ (ਮੋਹ ਦੇ ਚਿੱਕੜ ਵਿਚ ਫਸ ਕੇ ਤ੍ਰਿਸ਼ਨਾ-ਅੱਗ ਦੇ ਅਸਗਾਹ ਜਲ ਵਿਚ) ਡੁੱਬਦੇ ਜਾ ਰਹੇ ਹਨ ॥੧॥
16406	357	ਮਨ ਏਕੁ ਨ ਚੇਤਸਿ ਮੂੜ ਮਨਾ॥	ਮੂੜ	Man Eaek N Chaethas Moorr Manaa ||	O foolish people, why don't you remember the One Lord?	ਹੇ ਮਨ! ਹੇ ਮੂਰਖ ਮਨ! ਤੂੰ ਇਕ ਪ੍ਰਭੂ ਨੂੰ ਯਾਦ ਨਹੀਂ ਕਰਦਾ।
16407	357	ਹਰਿ ਬਿਸਰਤ ਤੇਰੇ ਗੁਣ ਗਲਿਆ॥੧॥ਰਹਾਉ ॥		Har Bisarath Thaerae Gun Galiaa ||1|| Rehaao ||	Forgetting the Lord, your virtues shall wither away. ||1||Pause||	ਤੂੰ ਜਿਉਂ ਜਿਉਂ ਪ੍ਰਭੂ ਨੂੰ ਵਿਸਾਰਦਾ ਹੈਂ, ਤੇਰੇ (ਅੰਦਰੋਂ) ਗੁਣ ਘਟਦੇ ਜਾ ਰਹੇ ਹਨ ॥੧॥ ਰਹਾਉ ॥

16408	357	ਨਾ ਹਉ ਜਤੀ ਸਤੀ ਨਹੀ ਪੜਿਆ ਮੂਰਖ ਮੁਗਧਾ ਜਨਮੁ ਭਇਆ॥		Naa Ho Jathee Sathee Nehee Parriaa Moorakh Mugadhhaa Janam Bhaeiaa ||	I am not a celibate, nor am I truthful, nor a scholar; I was born foolish and ignorant.	ਹੇ ਪ੍ਰਭੂ! ਨਾਹ ਮੈਂ ਜਤੀ ਹਾਂ ਨਾਹ ਮੈਂ ਸਤੀ ਹਾਂ ਨਾਹ ਹੀ ਮੈਂ ਪੜ੍ਹਿਆ ਹੋਇਆ ਹਾਂ, ਮੇਰਾ ਜੀਵਨ ਤਾਂ ਮੂਰਖਾਂ ਬੇ-ਸਮਝਾਂ ਵਾਲਾ ਬਣਿਆ ਹੋਇਆ ਹੈ, (ਭਾਵ, ਜਤ ਸਤ ਤੇ ਵਿੱਦਿਆ ਇਸ ਤ੍ਰਿਸ਼ਨਾ ਦੀ ਅੱਗ ਤੇ ਮੋਹ ਦੇ ਚਿੱਕੜ ਵਿਚ ਡਿੱਗਣੋਂ ਬਚਾ ਨਹੀਂ ਸਕਦੇ। ਜੇ ਮਨੁੱਖ ਪ੍ਰਭੂ ਨੂੰ ਵਿਸਾਰ ਦੇਵੇ, ਤਾਂ ਜਤ ਸਤ ਵਿੱਦਿਆ ਦੇ ਹੁੰਦਿਆਂ ਭੀ ਮਨੁੱਖ ਦੀ ਜ਼ਿੰਦਗੀ ਮਹਾਂ ਮੂਰਖਾਂ ਵਾਲੀ ਹੁੰਦੀ ਹੈ)।
16409	357	ਪ੍ਰਣਵਤਿ ਨਾਨਕ ਤਿਨ੍ ਕੀ ਸਰਣਾ ਜਿਨ੍ ਤੂੰ ਨਾਹੀ ਵੀਸਰਿਆ॥੨॥੨੯॥		Pranavath Naanak Thinh Kee Saranaa Jinh Thoon Naahee Veesariaa ||2||29||	Prays Nanak, I seek the Sanctuary of those who do not forget You, Lord. ||2||29||	(ਸੋ) ਨਾਨਕ ਬੇਨਤੀ ਕਰਦਾ ਹੈ- (ਹੇ ਪ੍ਰਭੂ! ਮੈਨੂੰ) ਉਹਨਾਂ (ਗੁਰਮੁਖਾਂ) ਦੀ ਸਰਨ ਵਿਚ (ਰੱਖ) ਜਿਨ੍ਹਾਂ ਨੂੰ ਤੂੰ ਨਹੀਂ ਭੁੱਲਿਆ (ਜਿਨ੍ਹਾਂ ਨੂੰ ਤੇਰੀ ਯਾਦ ਨਹੀਂ ਭੁੱਲੀ) ॥੨॥੨੯॥
16410	357	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16411	357	ਛਿਅ ਘਰ ਛਿਅ ਗੁਰ ਛਿਅ ਉਪਦੇਸ॥		Shhia Ghar Shhia Gur Shhia Oupadhaes ||	There are six systems of philosophy, six teachers, and six doctrines;	ਛੇ ਸ਼ਾਸਤ੍ਰ ਹਨ, ਛੇ ਹੀ (ਇਹਨਾਂ ਸ਼ਾਸਤ੍ਰਾਂ ਦੇ) ਚਲਾਣ ਵਾਲੇ ਹਨ, ਛੇ ਹੀ ਇਹਨਾਂ ਦੇ ਸਿੱਧਾਂਤ ਹਨ।

16412	357	ਗੁਰੁ ਗੁਰੁ ਏਕੋ ਵੇਸ ਅਨੇਕ॥੧॥		Gur Gur Eaeko Vaes Anaek ||1||	But the Teacher of teachers is the One Lord, who appears in so many forms. ||1||	ਪਰ ਇਹਨਾਂ ਸਾਰਿਆਂ ਦਾ ਮੂਲ-ਗੁਰੂ (ਪਰਮਾਤਮਾ) ਇੱਕ ਹੈ। (ਇਹ ਸਾਰੇ ਸਿੱਧਾਂਤ) ਉਸ ਇੱਕ ਪ੍ਰਭੂ ਦੇ ਹੀ ਅਨੇਕਾਂ ਵੇਸ ਹਨ (ਪ੍ਰਭੂ ਦੀ ਹਸਤੀ ਦੇ ਪ੍ਰਕਾਸ਼ ਦੇ ਕਈ ਰੂਪ ਹਨ) ॥੧॥
16413	357	ਜੈ ਘਰਿ ਕਰਤੇ ਕੀਰਤਿ ਹੋਇ॥		Jai Ghar Karathae Keerath Hoe ||	That system, where the Praises of the Creator are sung	ਜਿਸ (ਸਤਸੰਗ-) ਘਰ ਵਿਚ ਅਕਾਲ-ਪੁਰਖ ਦੀ ਸਿਫ਼ਤਿ-ਸਾਲਾਹ ਹੁੰਦੀ ਹੈ,
16414	357	ਸੋ ਘਰੁ ਰਾਖੁ ਵਡਾਈ ਤੋਹਿ॥੧॥ਰਹਾਉ॥		So Ghar Raakh Vaddaaee Thohi ||1|| Rehaao ||	- follow that system; in it rests greatness. ||1||Pause||	(ਹੇ ਭਾਈ!) ਤੂੰ ਉਸ ਘਰ ਨੂੰ ਸਾਂਭ ਰੱਖ (ਉਸ ਸਤਸੰਗ ਦਾ ਆਸਰਾ ਲੈ, ਇਸੇ ਵਿਚ) ਤੈਨੂੰ ਵਡਿਆਈ ਮਿਲੇਗੀ ॥੧॥ ਰਹਾਉ ॥
16415	357	ਵਿਸੁਏ ਚਸਿਆ ਘੜੀਆ ਪਹਰਾ ਥਿਤੀ ਵਾਰੀ ਮਾਹੁ ਭਇਆ॥	ਵਿਸੁਏ। ਚਸਿਆ: ਪੋਲਾ ਬੋਲੋ	Visueae Chasiaa Gharreeaa Peharaa Thhithee Vaaree Maahu Bhaeiaa ||	As the seconds, minutes, hours, days, weekdays months	ਜਿਵੇਂ ਵਿਸੁਏ, ਚਸੇ, ਘੜੀਆਂ, ਪਹਰ, ਥਿੱਤਾਂ, ਵਾਰ, ਮਹੀਨਾ (ਆਦਿਕ) ਤੇ ਹੋਰ ਅਨੇਕਾਂ ਰੁੱਤਾਂ ਹਨ,
16416	357	ਸੂਰਜੁ ਏਕੋ ਰੁਤਿ ਅਨੇਕ॥		Sooraj Eaeko Ruth Anaek ||	And seasons all originate from the one sun,	ਪਰ ਸੂਰਜ ਇਕੋ ਹੀ ਹੈ (ਜਿਸ ਦੇ ਇਹ ਸਾਰੇ ਵਖ ਵਖ ਸਰੂਪ ਹਨ),
16417	357	ਨਾਨਕ ਕਰਤੇ ਕੇ ਕੇਤੇ ਵੇਸ॥੨॥੩੦॥		Naanak Karathae Kae Kaethae Vaes ||2||30||	O Nanak, so do all forms originate from the One Creator. ||2||30||	ਤਿਵੇਂ, ਹੇ ਨਾਨਕ! ਕਰਤਾਰ ਦੇ (ਇਹ ਸਾਰੇ ਜੀਆ ਜੰਤ) ਅਨੇਕਾਂ ਸਰੂਪ ਹਨ ॥੨॥੩੦॥

16418	358	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
16419	358	ਆਸਾ ਘਰੁ ੩ ਮਹਲਾ ੧॥		Aasaa Ghar 3 Mehalaa 1 ||	Aasaa, Third House, First Mehl:	ਰਾਗ ਆਸਾ, ਘਰ ੩ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
16420	358	ਲਖ ਲਸਕਰ ਲਖ ਵਾਜੇ ਨੇਜੇ ਲਖ ਉਠਿ ਕਰਹਿ ਸਲਾਮੁ ॥	ਲੱਖ	Lakh Lasakar Lakh Vaajae Naejae Lakh Outh Karehi Salaam ||	You may have thousands of armies, thousands of marching bands and lances, and thousands of men to rise and salute you.	(ਹੇ ਭਾਈ!) ਜੇ ਤੇਰੀਆਂ ਫ਼ੌਜਾਂ ਲੱਖਾਂ ਦੀ ਗਿਣਤੀ ਵਿਚ ਹੋਣ, ਉਹਨਾਂ ਵਿਚ ਲੱਖਾਂ ਬੰਦੇ ਵਾਜੇ ਵਜਾਣ ਵਾਲੇ ਹੋਣ, ਲੱਖਾਂ ਨੇਜ਼ਾ-ਬਰਦਾਰ ਹੋਣ, ਲੱਖਾਂ ਹੀ ਆਦਮੀ ਉੱਠ ਕੇ ਨਿੱਤ ਤੈਨੂੰ ਸਲਾਮ ਕਰਦੇ ਹੋਣ,
16421	358	ਲਖਾ ਉਪਰਿ ਫੁਰਮਾਇਸਿ ਤੇਰੀ ਲਖ ਉਠਿ ਰਾਖਹਿ ਮਾਨੁ॥	ਲੱਖਾਂ ਲੱਖ ਫੁਰਮਾਇ-ਸਿ	Lakhaa Oupar Furamaaeis Thaeree Lakh Outh Raakhehi Maan ||	Your rule may extend over thousands of miles, and thousands of men may rise to honor you.	(ਹੇ ਭਾਈ!) ਜੇ ਲੱਖਾਂ ਬੰਦਿਆਂ ਉਤੇ ਤੇਰੀ ਹਕੂਮਤ ਹੋਵੇ, ਲੱਖਾਂ ਬੰਦੇ ਉੱਠ ਕੇ ਤੇਰੀ ਇੱਜ਼ਤ ਕਰਦੇ ਹੋਣ,
16422	358	ਜਾਂ ਪਤਿ ਲੇਖੈ ਨਾ ਪਵੈ ਤਾਂ ਸਭਿ ਨਿਰਾਫਲ ਕਾਮ॥੧॥		Jaan Path Laekhai Naa Pavai Thaan Sabh Niraafal Kaam ||1||	But, if your honor is of no account to the Lord, then all of your ostentatious show is useless. ||1||	(ਤਾਂ ਭੀ ਕੀਹ ਹੋਇਆ) ਜੇ ਤੇਰੀ ਇਹ ਇੱਜ਼ਤ ਪਰਮਾਤਮਾ ਦੀ ਹਜ਼ੂਰੀ ਵਿਚ ਕਬੂਲ ਨ ਪਏ, ਤਾਂ ਤੇਰੇ ਇਥੇ ਜਗਤ ਵਿਚ ਕੀਤੇ ਸਾਰੇ ਹੀ ਕੰਮ ਵਿਅਰਥ ਗਏ ॥੧॥

16423	358	ਹਰਿ ਕੇ ਨਾਮ ਬਿਨਾ ਜਗੁ ਧੰਧਾ॥	(ਧੰਧਾ) ਉਲਝਣ	Har Kae Naam Binaa Jag Dhhandhhaa ||	Without the Name of the Lord, the world is in turmoil.	ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਜਗਤ ਦਾ ਮੋਹ (ਮਨੁੱਖ ਵਾਸਤੇ) ਉਲਝਣ ਹੀ ਉਲਝਣ ਬਣ ਜਾਂਦਾ ਹੈ।
16424	358	ਜੇ ਬਹੁਤਾ ਸਮਝਾਈਐ ਭੋਲਾ ਭੀ ਸੋ ਅੰਧੋ ਅੰਧਾ॥੧॥ਰਹਾਉ॥	ਭੋਲਾ: ਪੋਲਾ ਬੋਲੋ	Jae Bahuthaa Samajhaaeeai Bholaa Bhee So Andhho Andhhaa ||1|| Rehaao ||	Even though the fool may be taught again and again, he remains the blindest of the blind. ||1||Pause||	(ਇਸ ਉਲਝਣ ਵਿਚ ਜੀਵ ਇਤਨਾ ਫਸਦਾ ਹੈ ਕਿ) ਭਾਵੇਂ ਕਿਤਨਾ ਹੀ ਸਮਝਾਂਦੇ ਰਹੋ, ਮਨ ਅੰਨ੍ਹਾ ਹੀ ਅੰਨ੍ਹਾ ਰਹਿੰਦਾ ਹੈ (ਭਾਵ, ਮਨੁੱਖ ਨੂੰ ਸੂਝ ਨਹੀਂ ਪੈਂਦੀ ਕਿ ਮੈਂ ਕੁਰਾਹੇ ਪਿਆ ਹਾਂ) ॥੧॥ ਰਹਾਉ ॥
16425	358	ਲਖ ਖਟੀਅਹਿ ਲਖ ਸੰਜੀਅਹਿ ਖਾਜਹਿ ਲਖ ਆਵਹਿ ਲਖ ਜਾਹਿ॥	(ਸੰਜੀਅਹਿ) ਇਕੱਠੇ ਕਰੀਏ। ਖਟੀਅਹਿ। ਖਾਜਹਿ	Lakh Khatteeahi Lakh Sanjeeahi Khaajehi Lakh Aavehi Lakh Jaahi ||	You may earn thousands, collect thousands, and spend thousands of dollars; thousands may come, and thousands may go.	ਜੇ ਲੱਖਾਂ ਰੁਪਏ ਖੱਟੇ ਜਾਣ, ਲੱਖਾਂ ਰੁਪਏ ਜੋੜੇ ਜਾਣ, ਲੱਖਾਂ ਰੁਪਏ ਖ਼ਰਚੇ ਭੀ ਜਾਣ, ਲੱਖਾਂ ਹੀ ਰੁਪਏ ਆਉਣ, ਤੇ ਲੱਖਾਂ ਹੀ ਚਲੇ ਜਾਣ,
16426	358	ਜਾਂ ਪਤਿ ਲੇਖੈ ਨਾ ਪਵੈ ਤਾਂ ਜੀਅ ਕਿਥੈ ਫਿਰਿ ਪਾਹਿ॥੨॥		Jaan Path Laekhai Naa Pavai Thaan Jeea Kithhai Fir Paahi ||2||	But, if your honor is of no account to the Lord, then where will you go to find a safe haven? ||2||	ਪਰ ਜੇ ਪ੍ਰਭੂ ਦੀ ਨਜ਼ਰ ਵਿਚ ਇਹ ਇੱਜ਼ਤ ਪਰਵਾਨ ਨਾਹ ਹੋਵੇ, ਤਾਂ (ਇਹਨਾਂ ਲੱਖਾਂ ਰੁਪਇਆਂ ਦੇ ਮਾਲਕ ਭੀ ਅੰਦਰੋਂ) ਦੁੱਖੀ ਹੀ ਰਹਿੰਦੇ ਹਨ ॥੨॥

16427	358	ਲਖ ਸਾਸਤ ਸਮਝਾਵਣੀ ਲਖ ਪੰਡਿਤ ਪੜਹਿ ਪੁਰਾਣ॥		Lakh Saasath Samajhaavanee Lakh Panddith Parrehi Puraan ||	Thousands of Shaastras may be explained to the mortal, and thousands of Pandits may read the Puraanas to him;	ਲੱਖਾਂ ਵਾਰੀ ਸ਼ਾਸਤ੍ਰਾਂ ਦੀ ਵਿਆਖਿਆ ਕੀਤੀ ਜਾਏ, ਵਿਦਵਾਨ ਲੋਕ ਲੱਖਾਂ ਵਾਰੀ ਪੁਰਾਨ ਪੜ੍ਹਨ (ਤੇ ਦੁਨੀਆ ਵਿਚ ਆਪਣੀ ਵਿੱਦਿਆ ਦੇ ਕਾਰਨ ਇੱਜ਼ਤ ਹਾਸਲ ਕਰਨ),
16428	358	ਜਾਂ ਪਤਿ ਲੇਖੈ ਨਾ ਪਵੈ ਤਾਂ ਸਭੇ ਕੁਪਰਵਾਣ॥੩॥	(ਕੁ-ਪਰਵਾਣ) ਮਨਜ਼ੂਰ ਨਹੀਂ। ਸੱਭੇ	Jaan Path Laekhai Naa Pavai Thaan Sabhae Kuparavaan ||3||	But, if his honor is of no account to the Lord, then all of this is unacceptable. ||3||	ਤਾਂ ਭੀ ਜੇ ਇਹ ਇੱਜ਼ਤ ਪ੍ਰਭੂ ਦੇ ਦਰ ਤੇ ਕਬੂਲ ਨ ਹੋਵੇ ਤਾਂ ਇਹ ਸਾਰੇ ਪੜ੍ਹਨੇ ਪੜ੍ਹਾਨੇ ਵਿਅਰਥ ਗਏ ॥੩॥
16429	358	ਸਚ ਨਾਮਿ ਪਤਿ ਊਪਜੈ ਕਰਮਿ ਨਾਮੁ ਕਰਤਾਰੁ॥		Sach Naam Path Oopajai Karam Naam Karathaar ||	Honor comes from the True Name, the Name of the Merciful Creator.	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜਿਆਂ ਹੀ (ਪ੍ਰਭੂ ਦੇ ਦਰ ਤੇ) ਇੱਜ਼ਤ ਮਿਲਦੀ ਹੈ, ਤੇ ਕਰਤਾਰ (ਦਾ ਇਹ) ਨਾਮ ਮਿਲਦਾ ਹੈ ਉਸ ਦੀ ਆਪਣੀ ਮੇਹਰ ਨਾਲ।
16430	358	ਅਹਿ ਨਿਸਿ ਹਿਰਦੈ ਜੇ ਵਸੈ ਨਾਨਕ ਨਦਰੀ ਪਾਰੁ॥੪॥੧॥੩੧॥		Ahinis Hiradhai Jae Vasai Naanak Nadharee Paar ||4||1||31||	If it abides in the heart, day and night, O Nanak, then the mortal shall swim across, by His Grace. ||4||1||31||	ਹੇ ਨਾਨਕ! ਜੇ ਪਰਮਾਤਮਾ ਦਾ ਨਾਮ ਹਿਰਦੇ ਵਿਚ ਦਿਨ ਰਾਤ ਵੱਸਦਾ ਰਹੇ ਤਾਂ ਪਰਮਾਤਮਾ ਦੀ ਮੇਹਰ ਨਾਲ ਮਨੁੱਖ (ਸੰਸਾਰ-ਸਮੁੰਦਰ ਦਾ) ਪਾਰਲਾ ਬੰਨਾ ਲੱਭ ਲੈਂਦਾ ਹੈ ॥੪॥੧॥੩੧॥
16431	358	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	

16432	358	ਦੀਵਾ ਮੇਰਾ ਏਕੁ ਨਾਮੁ ਦੁਖੁ ਵਿਚਿ ਪਾਇਆ ਤੇਲੁ॥		Dheevaa Maeraa Eaek Naam Dhukh Vich Paaeiaa Thael ||	The One Name is my lamp; I have put the oil of suffering into it.	ਮੇਰੇ ਵਾਸਤੇ ਪਰਮਾਤਮਾ ਦਾ ਨਾਮ ਹੀ ਦੀਵਾ ਹੈ (ਜੋ ਮੇਰੀ ਜ਼ਿੰਦਗੀ ਦੇ ਰਸਤੇ ਵਿਚ ਆਤਮਕ ਰੌਸ਼ਨੀ ਕਰਦਾ ਹੈ) ਉਸ ਦੀਵੇ ਵਿਚ ਮੈਂ (ਦੁਨੀਆ ਵਿਚ ਵਿਆਪਣ ਵਾਲਾ) ਦੁੱਖ (-ਰੂਪ) ਤੇਲ ਪਾਇਆ ਹੋਇਆ ਹੈ।
16433	358	ਉਨਿ ਚਾਨਣਿ ਓਹੁ ਸੋਖਿਆ ਚੂਕਾ ਜਮ ਸਿਉ ਮੇਲੁ॥੧॥		Oun Chaanan Ouhu Sokhiaa Chookaa Jam Sio Mael ||1||	Its flame has dried up this oil, and I have escaped my meeting with the Messenger of Death. ||1||	ਉਸ (ਆਤਮਕ) ਚਾਨਣ ਨਾਲ ਉਹ ਦੁੱਖ-ਰੂਪ ਤੇਲ ਸੜਦਾ ਜਾਂਦਾ ਹੈ, ਤੇ ਜਮ ਨਾਲ ਮੇਰਾ ਵਾਹ ਭੀ ਮੁੱਕ ਜਾਂਦਾ ਹੈ {ਨੋਟ: ਸੰਬੰਧਕ 'ਵਿਚਿ' ਦਾ ਸੰਬੰਧ ਲਫ਼ਜ਼ 'ਦੁਖੁ' ਨਾਲ ਨਹੀਂ ਹੈ। "ਦੀਵੇ ਵਿਚਿ ਦੁਖੁ ਤੇਲੁ ਪਾਇਆ"-ਇਉਂ ਅਰਥ ਕਰਨਾ ਹੈ} ॥੧॥
16434	358	ਲੋਕਾ ਮਤ ਕੋ ਫਕੜਿ ਪਾਇ॥	(ਫੱਕੜਿ) ਭੰਡੀ	Lokaa Math Ko Fakarr Paae ||	O people, do not make fun of me.	ਹੇ ਲੋਕੋ! ਮੇਰੀ ਗੱਲ ਉਤੇ ਮਖ਼ੌਲ ਨ ਉਡਾਓ।
16435	358	ਲਖ ਮੜਿਆ ਕਰਿ ਏਕਠੇ ਏਕ ਰਤੀ ਲੇ ਭਾਹਿ॥੧॥ਰਹਾਉ॥	ਲਕੜਾਂ ਦੇ (ਮੜਿਆ) ਢੇਰ। (ਏਕ-ਠੇ) ਇੱਕ ਜਗ੍ਹਾ। (ਭਾਹਿ) ਅੱਗ। ਲੱਖ। ਰੱਤੀ	Lakh Marriaa Kar Eaekathae Eaek Rathee Lae Bhaahi ||1|| Rehaao ||	Thousands of wooden logs, piled up together, need only a tiny flame to burn. ||1||Pause||	ਲੱਖਾਂ ਮਣਾਂ ਲੱਕੜ ਦੇ ਢੇਰ ਇਕੱਠੇ ਕਰ ਕੇ (ਜੇ) ਇੱਕ ਰਤੀ ਜਿਤਨੀ ਅੱਗ ਲਾ ਦੇਖੀਏ (ਤਾਂ ਉਹ ਸਾਰੇ ਢੇਰ ਸੁਆਹ ਹੋ ਜਾਂਦੇ ਹਨ। ਤਿਵੇਂ ਜਨਮਾਂ ਜਨਮਾਂਤਰਾਂ ਦੇ ਪਾਪਾਂ ਨੂੰ ਇੱਕ ਨਾਮ ਮੁਕਾ ਦੇਂਦਾ ਹੈ) ॥੧॥ ਰਹਾਉ ॥

16436	358	ਪਿੰਡੁ ਪਤਲਿ ਮੇਰੀ ਕੇਸਉ ਕਿਰਿਆ ਸਚੁ ਨਾਮੁ ਕਰਤਾਰੁ॥	ਪੱਤਲਿ	Pindd Pathal Maeree Kaeso Kiriaa Sach Naam Karathaar ||	The Lord is my festive dish, of rice balls on leafy plates; the True Name of the Creator Lord is my funeral ceremony.	ਪੱਤਲਾਂ ਉਤੇ ਪਿੰਡ ਭਰਾਣੇ (ਮਣਸਾਣੇ) ਮੇਰੇ ਵਾਸਤੇ ਪਰਮਾਤਮਾ (ਦਾ ਨਾਮ) ਹੀ ਹੈ, ਮੇਰੇ ਵਾਸਤੇ ਕਿਰਿਆ ਭੀ ਕਰਤਾਰ (ਦਾ) ਸੱਚਾ ਨਾਮ ਹੀ ਹੈ।
16437	358	ਐਥੈ ਓਥੈ ਆਗੈ ਪਾਛੈ ਏਹੁ ਮੇਰਾ ਆਧਾਰੁ॥੨॥		Aithhai Outhhai Aagai Paashhai Eaehu Maeraa Aadhhaar ||2||	Here and hereafter, in the past and in the future, this is my support. ||2||	ਇਹ ਨਾਮ ਇਸ ਲੋਕ ਵਿਚ ਪਰਲੋਕ ਵਿਚ ਹਰ ਥਾਂ ਮੇਰੀ ਜ਼ਿੰਦਗੀ ਦਾ ਆਸਰਾ ਹੈ ॥੨॥
16438	358	ਗੰਗ ਬਨਾਰਸਿ ਸਿਫਤਿ ਤੁਮਾਰੀ ਨਾਵੈ ਆਤਮਰਾਉ॥	(ਤੁਮਾਰੀ) ਆਪ ਜੀ ਦੀ ਸਿਫ਼ਤ ਹੀ। (ਬਨਾਰ-ਸਿ) ਕਾਂਸ਼ੀ ਹੈ। ਨ੍ਹਾਵੈ। (ਦੂਜਾ ਪਾਠ: ਆਤਮ ਰਾਉ)	Gang Banaaras Sifath Thumaaree Naavai Aatham Raao ||	The Lord's Praise is my River Ganges and my city of Benares; my soul takes its sacred cleansing bath there.	(ਹੇ ਪ੍ਰਭੂ!) ਤੇਰੀ ਸਿਫ਼ਤਿ-ਸਾਲਾਹ ਹੀ ਮੇਰੇ ਵਾਸਤੇ ਗੰਗਾ ਤੇ ਕਾਂਸ਼ੀ (ਆਦਿਕ ਤੀਰਥਾਂ ਦਾ ਇਸ਼ਨਾਨ ਹੈ, ਤੇਰੀ ਸਿਫ਼ਤਿ-ਸਾਲਾਹ ਵਿਚ ਹੀ ਮੇਰਾ ਆਤਮਾ ਇਸ਼ਨਾਨ ਕਰਦਾ ਹੈ।
16439	358	ਸਚਾ ਨਾਵਣੁ ਤਾਂ ਥੀਐ ਜਾਂ ਅਹਿ ਨਿਸਿ ਲਾਗੈ ਭਾਉ॥੩॥	ਨ੍ਹਾਵਣੁ	Sachaa Naavan Thaan Thheeai Jaan Ahinis Laagai Bhaao ||3||	That becomes my true cleansing bath, if night and day, I enshrine love for You. ||3||	ਸੱਚਾ ਇਸ਼ਨਾਨ ਹੈ ਹੀ ਤਦੋਂ, ਜਦੋਂ ਦਿਨ ਰਾਤ ਪ੍ਰਭੂ-ਚਰਨਾਂ ਵਿਚ ਪ੍ਰੇਮ ਬਣਿਆ ਰਹੇ ॥੩॥

16440	358	ਇਕ ਲੋਕੀ ਹੋਰੁ ਛਮਿਛਰੀ ਬ੍ਰਾਹਮਣੁ ਵਟਿ ਪਿੰਡੁ ਖਾਇ॥	(ਲੋਕੀ) ਦੇਵਤੇ। (ਛਮਿਛਰੀ) ਪਿਤਰ। ਵੱਟਿ	Eik Lokee Hor Shhamishharee Braahaman Vatt Pindd Khaae ||	The rice balls are offered to the gods and the dead ancestors, but it is the Brahmins who eat them!	ਬ੍ਰਾਹਮਣ (ਜਵਾਂ ਜਾਂ ਚੌਲਾਂ ਦੇ ਆਟੇ ਦਾ) ਪਿੰਨ ਵੱਟ ਕੇ ਇਕ ਪਿੰਨ ਦੇਵਤਿਆਂ ਨੂੰ ਭੇਟਾ ਕਰਦਾ ਹੈ ਤੇ ਦੂਜਾ ਪਿੰਨ ਪਿਤਰਾਂ ਨੂੰ, (ਪਿੰਨ ਵੱਟਣ ਤੋਂ ਪਿਛੋਂ) ਉਹ ਆਪ (ਖੀਰ-ਪੂਰੀ ਆਦਿਕ ਜਜਮਾਨਾਂ ਦੇ ਘਰੋਂ) ਖਾਂਦਾ ਹੈ।
16441	358	ਨਾਨਕ ਪਿੰਡੁ ਬਖਸੀਸ ਕਾ ਕਬਹੂੰ ਨਿਖੂਟਸਿ ਨਾਹਿ॥੪॥੨॥੩੨॥	(ਨਿਖੂਟਸਿ) ਮੁੱਕਦਾ	Naanak Pindd Bakhasees Kaa Kabehoon Nikhoottas Naahi ||4||2||32||	O Nanak, the rice balls of the Lord are a gift which is never exhausted. ||4||2||32||	(ਪਰ) ਹੇ ਨਾਨਕ! (ਬ੍ਰਾਹਮਣ ਦੀ ਰਾਹੀਂ ਦਿੱਤਾ ਹੋਇਆ ਇਹ ਪਿੰਨ ਕਦ ਤਕ ਟਿਕਿਆ ਰਹਿ ਸਕਦਾ ਹੈ? ਹਾਂ) ਪਰਮਾਤਮਾ ਦੀ ਮੇਹਰ ਦਾ ਪਿੰਨ ਕਦੇ ਮੁੱਕਦਾ ਹੀ ਨਹੀਂ ॥੪॥੨॥੩੨॥
16442	358	ਆਸਾ ਘਰੁ ੪ ਮਹਲਾ ੧		Aasaa Ghar 4 Mehalaa 1	Aasaa, Fourth House, First Mehl:	ਰਾਗ ਆਸਾ, ਘਰ ੪ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
16443	358	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
16444	358	ਦੇਵਤਿਆ ਦਰਸਨ ਕੈ ਤਾਈ ਦੂਖ ਭੂਖ ਤੀਰਥ ਕੀਏ॥	ਤਾਈਂ	Dhaevathiaa Dharasan Kai Thaaee Dhookh Bhookh Theerathh Keeeae ||	The Gods yearning for the Blessed Vision of the Lord's Darshan suffered through pain and hunger at the sacred shrines.	ਦੇਵਤਿਆਂ ਨੇ ਭੀ ਤੇਰਾ ਦਰਸ਼ਨ ਕਰਨ ਵਾਸਤੇ ਦੁੱਖ ਸਹਾਰੇ, ਭੁੱਖਾਂ ਸਹਾਰੀਆਂ ਤੇ ਤੀਰਥ-ਰਟਨ ਕੀਤੇ।

16445	358	ਜੋਗੀ ਜਤੀ ਜੁਗਤਿ ਮਹਿ ਰਹਤੇ ਕਰਿ ਕਰਿ ਭਗਵੇ ਭੇਖ ਭਏ॥੧॥		Jogee Jathee Jugath Mehi Rehathae Kar Kar Bhagavae Bhaekh Bheae ||1||	The yogis and the celibates live their disciplined lifestyle, while others wear saffron robes and become hermits. ||1||	ਅਨੇਕਾਂ ਜੋਗੀ ਤੇ ਜਤੀ (ਆਪੋ ਆਪਣੀ) ਮਰਯਾਦਾ ਵਿਚ ਰਹਿੰਦੇ ਹੋਏ ਗੇਰੂਏ ਰੰਗ ਦੇ ਕੱਪੜੇ ਪਾਂਦੇ ਰਹੇ ॥੧॥
16446	358	ਤਉ ਕਾਰਣਿ ਸਾਹਿਬਾ ਰੰਗਿ ਰਤੇ॥	ਰੱਤੇ	Tho Kaaran Saahibaa Rang Rathae ||	For Your sake, O Lord Master, they are imbued with love.	ਹੇ ਮੇਰੇ ਮਾਲਿਕ! ਤੈਨੂੰ ਮਿਲਣ ਲਈ ਅਨੇਕਾਂ ਬੰਦੇ ਤੇਰੇ ਪਿਆਰ ਵਿਚ ਰੰਗੇ ਰਹਿੰਦੇ ਹਨ।
16447	358	ਤੇਰੇ ਨਾਮ ਅਨੇਕਾ ਰੂਪ ਅਨੰਤਾ ਕਹਣੁ ਨ ਜਾਹੀ ਤੇਰੇ ਗੁਣ ਕੇਤੇ॥੧॥ਰਹਾਉ॥		Thaerae Naam Anaekaa Roop Ananthaa Kehan N Jaahee Thaerae Gun Kaethae ||1|| Rehaao ||	Your Names are so many, and Your Forms are endless. No one can tell how may Glorious Virtues You have. ||1||Pause||	ਤੇਰੇ ਅਨੇਕਾਂ ਨਾਮ ਹਨ, ਤੇਰੇ ਬੇਅੰਤ ਰੂਪ ਹਨ, ਤੇਰੇ ਬੇਅੰਤ ਹੀ ਗੁਣ ਹਨ, ਕਿਸੇ ਭੀ ਪਾਸੋਂ ਬਿਆਨ ਨਹੀਂ ਕੀਤੇ ਜਾ ਸਕਦੇ ॥੧॥ ਰਹਾਉ ॥
16448	358	ਦਰ ਘਰ ਮਹਲਾ ਹਸਤੀ ਘੋੜੇ ਛੋਡਿ ਵਿਲਾਇਤਿ ਦੇਸ ਗਏ॥	(ਵਿਲਾਇਤਿ) ਅਪਣਾ ਦੇਸ	Dhar Ghar Mehalaa Hasathee Ghorrae Shhodd Vilaaeith Dhaes Geae ||	Leaving behind hearth and home, palaces, elephants, horses and native lands, mortals have journeyed to foreign lands.	(ਤੇਰਾ ਦਰਸ਼ਨ ਕਰਨ ਵਾਸਤੇ ਹੀ ਰਾਜ-ਮਿਲਖ ਦੇ ਮਾਲਿਕ) ਆਪਣੇ ਮਹਲ-ਮਾੜੀਆਂ ਆਪਣੇ ਘਰ-ਬੂਹੇ ਹਾਥੀ ਘੋੜੇ ਆਪਣੇ ਦੇਸ ਵਤਨ ਛੱਡ ਕੇ (ਜੰਗਲੀਂ) ਚਲੇ ਗਏ।

16449	358	ਪੀਰ ਪੇਕਾਂਬਰ ਸਾਲਿਕ ਸਾਦਿਕ ਛੋਡੀ ਦੁਨੀਆ ਥਾਇ ਪਏ॥੨॥	(ਪੀਰ) ਸ਼ਕਤੀ ਵਾਲੇ। (ਪੇਕਾਂਬਰ) ਫਰਿਸ਼ਤਿਆਂ ਦੁਆਰਾ ਅਕਾਸ਼ੀ ਹੁਕਮ ਪ੍ਰਾਪਤ ਕਰਨ ਵਾਲੇ। (ਸਾਲਿਕ) ਗਿਆਨਵਾਨ। (ਸਾਦਿਕ) ਸਿਦਕ ਵਾਲੇ ਗੁਰਸੇਵਕ	Peer Paekaanbar Saalik Saadhik Shhoddee Dhuneeaa Thhaae Peae ||2||	The spiritual leaders, prophets, seers and men of faith renounced the world, and became acceptable. ||2||	ਅਨੇਕਾਂ ਪੀਰਾਂ ਪੈਗ਼ੰਬਰਾਂ ਗਿਆਨਵਾਨਾਂ ਤੇ ਸਿਦਕੀਆਂ ਨੇ ਤੇਰੇ ਦਰ ਤੇ ਕਬੂਲ ਹੋਣ ਵਾਸਤੇ ਦੁਨੀਆ ਛੱਡੀ ॥੨॥
16450	358	ਸਾਦ ਸਹਜ ਸੁਖ ਰਸ ਕਸ ਤਜੀਅਲੇ ਕਾਪੜ ਛੋਡੇ ਚਮੜ ਲੀਏ॥		Saadh Sehaj Sukh Ras Kas Thajeealae Kaaparr Shhoddae Chamarr Leeeae ||	Renouncing tasty delicacies, comfort, happiness and pleasures, some have abandoned their clothes and now wear skins.	ਅਨੇਕਾਂ ਬੰਦਿਆਂ ਨੇ ਦੁਨੀਆ ਦੇ ਸੁਆਦ ਸੁਖ ਆਰਾਮ ਤੇ ਸਭ ਰਸਾਂ ਦੇ ਪਦਾਰਥ ਛੱਡੇ, ਕੱਪੜੇ ਛੱਡ ਕੇ ਚਮੜਾ ਪਹਿਨਿਆ।
16451	358	ਦੁਖੀਏ ਦਰਦਵੰਦ ਦਰਿ ਤੇਰੈ ਨਾਮਿ ਰਤੇ ਦਰਵੇਸ ਭਏ॥੩॥	(ਦਰਵੇਸ) ਫ਼ਕੀਰ	Dhukheeeae Dharadhavandh Dhar Thaerai Naam Rathae Dharavaes Bheae ||3||	Those who suffer in pain, imbued with Your Name, have become beggars at Your Door. ||3||	ਅਨੇਕਾਂ ਬੰਦੇ ਦੁਖੀਆਂ ਵਾਂਗ ਦਰਦਵੰਦਾਂ ਵਾਂਗ ਤੇਰੇ ਦਰ ਤੇ ਫ਼ਰਿਆਦ ਕਰਨ ਲਈ ਤੇਰੇ ਨਾਮ ਵਿਚ ਰੰਗੇ ਰਹਿਣ ਲਈ (ਗ੍ਰਿਹਸਤ ਛੱਡ ਕੇ) ਫ਼ਕੀਰ ਹੋ ਗਏ ॥੩॥

16452	358	ਖਲੜੀ ਖਪਰੀ ਲਕੜੀ ਚਮੜੀ ਸਿਖਾ ਸੂਤੁ ਧੋਤੀ ਕੀਨ੍ਹੀ॥	ਸਿਖਾ:ਪੋਲਾ ਬੋਲੋ। (ਸਿਖਾ) ਬੋਦੀ। ਖੱਲੜੀ। ਖੱਪਰੀ। ਲੱਕੜੀ।	Khalarree Khaparee Lakarree Chamarree Sikhaa Sooth Dhhothee Keenhee ||	Some wear skins, and carry begging bowls, bearing wooden staffs, and sitting on deer skins. Others raise their hair in tufts and wear sacred threads and loin-cloths.	ਕਿਸੇ ਨੇ (ਭੰਗ ਆਦਿਕ ਪਾਣ ਲਈ) ਚੰਮ ਦੀ ਝੋਲੀ ਲੈ ਲਈ, ਕਿਸੇ ਨੇ (ਘਰ ਘਰ ਮੰਗਣ ਲਈ) ਖੱਪਰ (ਹੱਥ ਵਿਚ) ਫੜ ਲਿਆ, ਕੋਈ ਡੰਡਾ-ਧਾਰੀ ਸੰਨਿਆਸੀ ਬਣਿਆ, ਕਿਸੇ ਨੇ ਮ੍ਰਿਗ-ਛਾਲਾ ਲੈ ਲਈ, ਕੋਈ ਬੋਦੀ ਜਨੇਊ ਤੇ ਧੋਤੀ ਦਾ ਧਾਰਨੀ ਹੋਇਆ।
16453	358	ਤੂੰ ਸਾਹਿਬੁ ਹਉ ਸਾਂਗੀ ਤੇਰਾ ਪ੍ਰਣਵੈ ਨਾਨਕੁ ਜਾਤਿ ਕੈਸੀ॥੪॥੧॥੩੩॥	(ਸਾਂਗੀ) ਨਕਲੀਆ	Thoon Saahib Ho Saangee Thaeraa Pranavai Naanak Jaath Kaisee ||4||1||33||	You are the Lord Master, I am just Your puppet. Prays Nanak, what is my social status to be? ||4||1||33||	ਪਰ ਨਾਨਕ ਬੇਨਤੀ ਕਰਦਾ ਹੈ- ਹੇ ਪ੍ਰਭੂ! ਤੂੰ ਮੇਰਾ ਮਾਲਿਕ ਹੈਂ, ਮੈਂ ਸਿਰਫ਼ ਤੇਰਾ ਸਾਂਗੀ ਹਾਂ (ਭਾਵ, ਮੈਂ ਸਿਰਫ਼ ਤੇਰਾ ਅਖਵਾਂਦਾ ਹਾਂ, ਜਿਵੇਂ ਤੂੰ ਮੈਨੂੰ ਰੱਖਦਾ ਹੈਂ ਤਿਵੇਂ ਹੀ ਰਹਿੰਦਾ ਹਾਂ) ਕਿਸੇ ਖ਼ਾਸ ਸ਼੍ਰੇਣੀ ਵਿਚ ਹੋਣ ਦਾ ਮੈਨੂੰ ਕੋਈ ਮਾਣ ਨਹੀਂ ॥੪॥੧॥੩੩॥
16454	359	ਆਸਾ ਘਰੁ ੫ ਮਹਲਾ ੧		Aasaa Ghar 5 Mehalaa 1	Aasaa, Fifth House, First Mehl:	ਰਾਗ ਆਸਾ, ਘਰ ੫ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
16455	359	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
16456	359	ਭੀਤਰਿ ਪੰਚ ਗੁਪਤ ਮਨਿ ਵਾਸੇ॥		Bheethar Panch Gupath Man Vaasae ||	The five evil passions dwell hidden within the mind.	ਮੇਰੇ ਮਨ ਵਿਚ ਧੁਰ ਅੰਦਰ ਪੰਜ ਕਾਮਾਦਿਕ ਲੁਕੇ ਪਏ ਹਨ,

16457	359	ਥਿਰੁ ਨ ਰਹਹਿ ਜੈਸੇ ਭਵਹਿ ਉਦਾਸੇ॥੧॥		Thhir N Rehehi Jaisae Bhavehi Oudhaasae ||1||	They do not remain still, but move around like wanderers. ||1||	ਉਹ ਠਠੰਬਰੇ ਹੋਇਆਂ ਵਾਂਗ ਭੱਜੇ ਫਿਰਦੇ ਹਨ, ਨਾਹ ਉਹ ਆਪ ਟਿਕਦੇ ਹਨ (ਨਾਹ ਮੇਰੇ ਮਨ ਨੂੰ ਟਿਕਣ ਦੇਂਦੇ ਹਨ) ॥੧॥
16458	359	ਮਨੁ ਮੇਰਾ ਦਇਆਲ ਸੇਤੀ ਥਿਰੁ ਨ ਰਹੈ॥		Man Maeraa Dhaeiaal Saethee Thhir N Rehai ||	My soul does not stay held by the Merciful Lord.	ਮੇਰਾ ਮਨ ਦਿਆਲ ਪਰਮਾਤਮਾ ਦੀ ਯਾਦ ਵਿਚ ਜੁੜਦਾ ਨਹੀਂ ਹੈ।
16459	359	ਲੋਭੀ ਕਪਟੀ ਪਾਪੀ ਪਾਖੰਡੀ ਮਾਇਆ ਅਧਿਕ ਲਗੈ॥੧॥ਰਹਾਉ॥	ਲੱਗੈ	Lobhee Kapattee Paapee Paakhanddee Maaeiaa Adhhik Lagai ||1|| Rehaao ||	It is greedy, deceitful, sinful and hypocritical, and totally attached to Maya. ||1||Pause||	ਇਸ ਉਤੇ ਮਾਇਆ ਨੇ ਬਹੁਤ ਜ਼ੋਰ ਪਾਇਆ ਹੋਇਆ ਹੈ। ਇਹ ਲੋਭੀ ਕਪਟੀ ਪਾਪੀ ਪਾਖੰਡੀ ਬਣਿਆ ਪਿਆ ਹੈ ॥੧॥ ਰਹਾਉ ॥
16460	359	ਫੂਲ ਮਾਲਾ ਗਲਿ ਪਹਿਰਉਗੀ ਹਾਰੋ॥	ਪਹਿਰਉ-ਗੀ	Fool Maalaa Gal Pehirougee Haaro ||	I will decorate my neck with garlands of flowers.	(ਮੇਰਾ ਸਰੀਰ ਉਸ ਨਾਰ ਵਾਂਗ ਆਪਣੇ ਸਿੰਗਾਰ ਦੇ ਆਹਰਾਂ ਵਿਚ ਰਹਿੰਦਾ ਹੈ ਜੋ ਆਪਣੇ ਪਤੀ ਦੀ ਉਡੀਕ ਵਿਚ ਹੈ ਤੇ ਆਖਦੀ ਹੈ-) ਮੈਂ ਆਪਣੇ ਗਲ ਵਿਚ ਫੁੱਲਾਂ ਦੀ ਮਾਲਾ ਪਾਵਾਂਗੀ, ਫੁੱਲਾਂ ਦਾ ਹਾਰ ਪਾਵਾਂਗੀ,
16461	359	ਮਿਲੈਗਾ ਪ੍ਰੀਤਮੁ ਤਬ ਕਰਉਗੀ ਸੀਗਾਰੋ॥੨॥	ਕਰਉ-ਗੀ	Milaigaa Preetham Thab Karougee Seegaaro ||2||	When I meet my Beloved, then I will put on my decorations. ||2||	ਮੇਰਾ ਪਤੀ ਮਿਲੇਗਾ ਤਾਂ ਮੈਂ ਸਿੰਗਾਰ ਕਰਾਂਗੀ ॥੨॥

16462	359	ਪੰਚ ਸਖੀ ਹਮ ਏਕੁ ਭਤਾਰੋ॥		Panch Sakhee Ham Eaek Bhathaaro ||	I have five companions and one Spouse.	ਮੇਰੀਆਂ ਪੰਜੇ ਸਹੇਲੀਆਂ ਭੀ (ਗਿਆਨ-ਇੰਦ੍ਰੇ ਭੀ) ਜਿਨ੍ਹਾਂ ਦਾ ਜੀਵਾਤਮਾ ਹੀ ਖਸਮ ਹੈ (ਭਾਵ, ਜਿਨ੍ਹਾਂ ਦਾ ਸੁਖ ਦੁਖ ਜੀਵਾਤਮਾ ਦੇ ਸੁਖ ਦੁਖ ਨਾਲ ਸਾਂਝਾ ਹੈ)
16463	359	ਪੇਡਿ ਲਗੀ ਹੈ ਜੀਅੜਾ ਚਾਲਣਹਾਰੋ॥੩॥		Paedd Lagee Hai Jeearraa Chaalanehaaro ||3||	It is ordained from the very beginning, that the soul must ultimately depart. ||3||	(ਜੀਵਾਤਮਾ ਦੀ ਮਦਦ ਕਰਨ ਦੇ ਥਾਂ) ਸਰੀਰ ਦੇ ਭੋਗ ਵਿਚ ਹੀ ਲੱਗੀਆਂ ਹੋਈਆਂ ਹਨ (ਉਹਨਾਂ ਨੂੰ ਚਿੱਤ ਚੇਤੇ ਹੀ ਨਹੀਂ ਕਿ ਇਸ ਸਰੀਰ ਨਾਲੋਂ ਇਸ ਜੀਵਾਤਮਾ ਦਾ ਵਿਛੋੜਾ ਹੋ ਜਾਣਾ ਹੈ) ਜੀਵਾਤਮਾ ਨੇ ਚਲੇ ਜਾਣਾ ਹੈ ॥੩॥
16464	359	ਪੰਚ ਸਖੀ ਮਿਲਿ ਰੁਦਨੁ ਕਰੇਹਾ॥	(ਰੁਦਨੁ) ਰੋਣਾ	Panch Sakhee Mil Rudhan Karaehaa ||	The five companions will lament together.	(ਆਖ਼ਰ ਵਿਛੋੜੇ ਦਾ ਵੇਲਾ ਆ ਜਾਂਦਾ ਹੈ) ਪੰਜੇ ਸਹੇਲੀਆਂ ਰਲ ਕੇ ਸਿਰਫ਼ ਰੋ ਹੀ ਛਡਦੀਆਂ ਹਨ (ਭਾਵ, ਪੰਜੇ ਗਿਆਨ-ਇੰਦ੍ਰੇ ਜੀਵਾਤਮਾ ਦਾ ਸਾਥ ਛੱਡ ਦੇਂਦੇ ਹਨ, ਤੇ)
16465	359	ਸਾਹੁ ਪਜੂਤਾ ਪ੍ਰਣਵਤਿ ਨਾਨਕ ਲੇਖਾ ਦੇਹਾ॥੪॥੧॥੩੪॥	(ਪਜੂਤਾ) ਪਕੜਿਆ	Saahu Pajoothaa Pranavath Naanak Laekhaa Dhaehaa ||4||1||34||	When the soul is trapped, prays Nanak, it is called to account. ||4||1||34||	ਨਾਨਕ ਆਖਦਾ ਹੈ- ਜੀਵਾਤਮਾ (ਇਕੱਲਾ) ਲੇਖਾ ਦੇਣ ਲਈ ਫੜਿਆ ਜਾਂਦਾ ਹੈ ॥੪॥੧॥੩੪॥

16466	359	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
16467	359	ਆਸਾ ਘਰੁ ੬ ਮਹਲਾ ੧॥		Aasaa Ghar 6 Mehalaa 1 ||	Aasaa, Sixth House, First Mehl:	ਰਾਗ ਆਸਾ, ਘਰ ੬ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
16468	359	ਮਨੁ ਮੋਤੀ ਜੇ ਗਹਣਾ ਹੋਵੈ ਪਉਣੁ ਹੋਵੈ ਸੂਤ ਧਾਰੀ॥	(ਸੂਤ) ਧਾਗਾ	Man Mothee Jae Gehanaa Hovai Poun Hovai Sooth Dhhaaree ||	If the pearl of the mind is strung like a jewel on the thread of the breath,	ਜੇ ਜੀਵ-ਇਸਤ੍ਰੀ ਆਪਣੇ ਮਨ ਨੂੰ ਸੁੱਚੇ ਮੋਤੀ ਵਰਗਾ ਗਹਿਣਾ ਬਣਾ ਲਏ (ਮੋਤੀਆਂ ਦੀ ਮਾਲਾ ਬਣਾਨ ਲਈ ਧਾਗੇ ਦੀ ਲੋੜ ਪੈਂਦੀ ਹੈ) ਜੇ ਸੁਆਸ ਸੁਆਸ (ਦਾ ਸਿਮਰਨ ਮੋਤੀ ਪ੍ਰੋਣ ਲਈ) ਧਾਗਾ ਬਣੇ,
16469	359	ਖਿਮਾ ਸੀਗਾਰੁ ਕਾਮਣਿ ਤਨਿ ਪਹਿਰੈ ਰਾਵੈ ਲਾਲ ਪਿਆਰੀ॥੧॥	(ਲਾਲ) ਪਿਆਰਾ। ਕੱਾਮਣਿ	Khimaa Seegaar Kaaman Than Pehirai Raavai Laal Piaaree ||1||	And the soul-bride adorns her body with compassion, then the Beloved Lord will enjoy His lovely bride. ||1||	ਜੇ ਦੁਨੀਆ ਦੀ ਵਧੀਕੀ ਨੂੰ ਸਹਾਰ ਲੈਣ ਦੇ ਸੁਭਾਵ ਨੂੰ ਜੀਵ-ਇਸਤ੍ਰੀ ਸਿੰਗਾਰ ਬਣਾ ਕੇ ਆਪਣੇ ਸਰੀਰ ਉਤੇ ਪਹਿਨ ਲਏ, ਤਾਂ ਪਤੀ-ਪ੍ਰਭੂ ਦੀ ਪਿਆਰੀ ਹੋ ਕੇ ਉਸ ਨੂੰ ਮਿਲ ਪੈਂਦੀ ਹੈ ॥੧॥
16470	359	ਲਾਲ ਬਹੁ ਗੁਣਿ ਕਾਮਣਿ ਮੋਹੀ॥	(ਲਾਲ) ਪਿਆਰੇ ਵਾਹਿਗੁਰੂ ਜੀ	Laal Bahu Gun Kaaman Mohee ||	O my Love, I am fascinated by Your many glories;	ਹੇ ਬਹੁ-ਗੁਣੀ ਲਾਲ ਪ੍ਰਭੂ! ਜੇਹੜੀ ਜੀਵ-ਇਸਤ੍ਰੀ ਤੇਰੇ ਗੁਣਾਂ ਵਿਚ ਸੁਰਤਿ ਜੋੜਦੀ ਹੈ,
16471	359	ਤੇਰੇ ਗੁਣ ਹੋਹਿ ਨ ਅਵਰੀ॥੧॥ਰਹਾਉ॥		Thaerae Gun Hohi N Avaree ||1|| Rehaao ||	Your Glorious Virtues are not found in any other. ||1||Pause||	ਉਸ ਨੂੰ ਤੇਰੇ ਵਾਲੇ ਗੁਣ ਕਿਸੇ ਹੋਰ ਵਿਚ ਨਹੀਂ ਦਿੱਸਦੇ (ਉਹ ਤੈਨੂੰ ਵਿਸਾਰ ਕੇ ਕਿਸੇ ਹੋਰ ਪਾਸੇ ਪ੍ਰੀਤ ਨਹੀਂ ਜੋੜਦੀ) ॥੧॥ ਰਹਾਉ ॥

16472	359	ਹਰਿ ਹਰਿ ਹਾਰੁ ਕੰਠਿ ਲੇ ਪਹਿਰੈ ਦਾਮੋਦਰੁ ਦੰਤੁ ਲੇਈ॥	(ਦੰਤੁ) ਦੰਦਾਸਾ	Har Har Haar Kanth Lae Pehirai Dhaamodhar Dhanth Laeee ||	If the bride wears the garland of the Lord's Name, Har, Har, around her neck, and if she uses the toothbrush of the Lord;	ਜੇ ਜੀਵ-ਇਸਤ੍ਰੀ ਪਰਮਾਤਮਾ ਦੀ ਹਰ ਵੇਲੇ ਯਾਦ ਨੂੰ ਹਾਰ ਬਣਾ ਕੇ ਆਪਣੇ ਗਲ ਵਿਚ ਪਾ ਲਏ, ਜੇ ਪ੍ਰਭੂ-ਸਿਮਰਨ ਨੂੰ (ਦੰਦਾਂ ਦਾ) ਦੰਦਾਸਾ ਵਰਤੇ,
16473	359	ਕਰ ਕਰਿ ਕਰਤਾ ਕੰਗਨ ਪਹਿਰੈ ਇਨ ਬਿਧਿ ਚਿਤੁ ਧਰੇਈ॥੨॥	(ਕਰ) ਹੱਥ	Kar Kar Karathaa Kangan Pehirai Ein Bidhh Chith Dhharaeee ||2||	And if she fashions and wears the bracelet of the Creator Lord around her wrist, then she shall hold her consciousness steady. ||2||	ਜੇ ਕਰਤਾਰ ਦੀ ਭਗਤੀ-ਸੇਵਾ ਨੂੰ ਕੰਗਣ ਬਣਾ ਕੇ ਹੱਥੀਂ ਪਾ ਲਏ, ਤਾਂ ਇਸ ਤਰ੍ਹਾਂ ਉਸ ਦਾ ਚਿੱਤ ਪ੍ਰਭੂ-ਚਰਨਾਂ ਵਿਚ ਟਿਕਿਆ ਰਹਿੰਦਾ ਹੈ ॥੨॥
16474	359	ਮਧੁਸੂਦਨੁ ਕਰ ਮੁੰਦਰੀ ਪਹਿਰੈ ਪਰਮੇਸਰੁ ਪਟੁ ਲੇਈ॥	(ਪੱਟੁ) ਰੇਸ਼ਮੀ ਕੱਪੜਾ। ਮਧੁਸੂਦਨੁ	Madhhusoodhan Kar Mundharee Pehirai Paramaesar Patt Laeee ||	She should make the Lord, the Slayer of demons, her ring, and take the Transcendent Lord as her silken clothes.	ਜੇ ਜੀਵ-ਇਸਤ੍ਰੀ ਹਰੀ-ਭਜਨ ਦੀ ਮੁੰਦਰੀ ਬਣਾ ਕੇ ਹੱਥ ਦੀ ਉਂਗਲੀ ਵਿਚ ਪਾ ਲਏ, ਪ੍ਰਭੂ ਨਾਮ ਦੀ ਓਟ ਨੂੰ ਆਪਣੀ ਪਤ ਦਾ ਰਾਖਾ ਰੇਸ਼ਮੀ ਕਪੜਾ ਬਣਾਏ,
16475	359	ਧੀਰਜੁ ਧੜੀ ਬੰਧਾਵੈ ਕਾਮਣਿ ਸ੍ਰੀਰੰਗੁ ਸੁਰਮਾ ਦੇਈ॥੩॥	(ਧੜੀ) ਪੱਟੀਆਂ। (ਸ੍ਰੀ) ਸੋਭਾ ਵਾਲੇ (ਸ੍ਰੀ) ਸ਼੍ਰੋਮਣੀ (ਰੰਗੁ) ਅਨੰਦ ਸਰੂਪ (ਸ੍ਰੀਰੰਗੁ) ਵਾਹਿਗੁਰੂ ਜੀ। ਕੱਾਮਣਿ	Dhheeraj Dhharree Bandhhaavai Kaaman Sreerang Suramaa Dhaeee ||3||	The soul-bride should weave patience into the braids of her hair, and apply the lotion of the Lord, the Great Lover. ||3||	(ਸਿਮਰਨ ਦੀ ਬਰਕਤਿ ਨਾਲ ਪ੍ਰਾਪਤ ਕੀਤੀ) ਗੰਭੀਰਤਾ ਨੂੰ ਪੱਟੀਆਂ ਸਜਾਣ ਹਿਤ ਵਰਤੇ, ਲੱਛਮੀ-ਪਤੀ ਪ੍ਰਭੂ ਦੇ ਨਾਮ ਦਾ (ਅੱਖਾਂ ਵਿਚ) ਸੁਰਮਾ ਪਾਏ ॥੩॥

16476	359	ਮਨ ਮੰਦਰਿ ਜੇ ਦੀਪਕੁ ਜਾਲੇ ਕਾਇਆ ਸੇਜ ਕਰੇਈ॥		Man Mandhar Jae Dheepak Jaalae Kaaeiaa Saej Karaeee ||	If she lights the lamp in the mansion of her mind, and makes her body the bed of the Lord,	ਜੇ ਜੀਵ-ਇਸਤ੍ਰੀ ਆਪਣੇ ਮਨ ਦੇ ਮਹਿਲ ਵਿਚ ਗਿਆਨ ਦਾ ਦੀਵਾ ਜਗਾਏ, ਹਿਰਦੇ ਨੂੰ (ਪ੍ਰਭੂ-ਮਿਲਾਪ ਵਾਸਤੇ) ਸੇਜ ਬਣਾਏ,
16477	359	ਗਿਆਨਰਾਉ ਜਬ ਸੇਜੈ ਆਵੈ ਤ ਨਾਨਕ ਭੋਗੁ ਕਰੇਈ॥੪॥੧॥੩੫॥	(ਗਿਆਨਰਾਉ) ਪੂਰਨ ਬ੍ਰਹਮਗਿਆਨ ਦੇ ਰਾਜੇ ਰਾਮ ਜੀ। (ਦੂਜਾ ਪਾਠ: ਗਿਆਨ ਰਾਉ)	Giaan Raao Jab Saejai Aavai Th Naanak Bhog Karaeee ||4||1||35||	Then, when the King of spiritual wisdom comes to her bed, He shall take her, and enjoy her. ||4||1||35||	ਹੇ ਨਾਨਕ! (ਉਸ ਦੇ ਇਸ ਸਾਰੇ ਆਤਮਕ ਸਿੰਗਾਰ ਉਤੇ ਰੀਝ ਕੇ) ਜਦੋਂ ਗਿਆਨ-ਦਾਤਾ ਪ੍ਰਭੂ ਉਸ ਦੀ ਹਿਰਦੇ-ਸੇਜ ਉਤੇ ਪਰਗਟ ਹੁੰਦਾ ਹੈ, ਤਾਂ ਉਸ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ ॥੪॥੧॥੩੫॥
16478	359	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16479	359	ਕੀਤਾ ਹੋਵੈ ਕਰੇ ਕਰਾਇਆ ਤਿਸੁ ਕਿਆ ਕਹੀਐ ਭਾਈ॥		Keethaa Hovai Karae Karaaeiaa This Kiaa Keheeai Bhaaee ||	The created being acts as he is made to act; what can be said to him, O Siblings of Destiny?	(ਪਰ) ਹੇ ਭਾਈ! ਜੀਵ ਦੇ ਕੀਹ ਵੱਸ? ਜੀਵ ਉਹੀ ਕੁਝ ਕਰਦਾ ਹੈ ਜੋ ਪਰਮਾਤਮਾ ਉਸ ਤੋਂ ਕਰਾਂਦਾ ਹੈ।
16480	359	ਜੋ ਕਿਛੁ ਕਰਣਾ ਸੋ ਕਰਿ ਰਹਿਆ ਕੀਤੇ ਕਿਆ ਚਤੁਰਾਈ॥੧॥		Jo Kishh Karanaa So Kar Rehiaa Keethae Kiaa Chathuraaee ||1||	Whatever the Lord is to do, He is doing; what cleverness could be used to affect Him? ||1||	ਜੀਵ ਦੀ ਕੋਈ ਸਿਆਣਪ ਕੰਮ ਨਹੀਂ ਆਉਂਦੀ, ਜੋ ਕੁਝ ਅਕਾਲ ਪੁਰਖ ਕਰਨਾ ਚਾਹੁੰਦਾ ਹੈ, ਉਹੀ ਕਰ ਰਿਹਾ ਹੈ ॥੧॥

16481	359	ਤੇਰਾ ਹੁਕਮੁ ਭਲਾ ਤੁਧੁ ਭਾਵੈ॥		Thaeraa Hukam Bhalaa Thudhh Bhaavai ||	The Order of Your Will is so sweet, O Lord; this is pleasing to You.	(ਹੇ ਪ੍ਰਭੂ!) ਜੇਹੜਾ ਜੀਵ ਤੈਨੂੰ ਚੰਗਾ ਲਗਦਾ ਹੈ, ਉਸ ਨੂੰ ਤੇਰੀ ਰਜ਼ਾ ਮਿੱਠੀ ਲੱਗਣ ਲੱਗ ਪੈਂਦੀ ਹੈ।
16482	359	ਨਾਨਕ ਤਾ ਕਉ ਮਿਲੈ ਵਡਾਈ ਸਾਚੇ ਨਾਮਿ ਸਮਾਵੈ॥੧॥ਰਹਾਉ॥		Naanak Thaa Ko Milai Vaddaaee Saachae Naam Samaavai ||1|| Rehaao ||	O Nanak, he alone is honored with greatness, who is absorbed in the True Name. ||1||Pause||	(ਸੋ) ਹੇ ਨਾਨਕ! (ਪ੍ਰਭੂ ਦੇ ਦਰ ਤੋਂ) ਉਸ ਜੀਵ ਨੂੰ ਆਦਰ ਮਿਲਦਾ ਹੈ ਜੋ (ਉਸ ਦੀ ਰਜ਼ਾ ਵਿਚ ਰਹਿ ਕੇ) ਉਸ ਸਦਾ-ਥਿਰ ਮਾਲਕ ਦੇ ਨਾਮ ਵਿਚ ਲੀਨ ਰਹਿੰਦਾ ਹੈ ॥੧॥ ਰਹਾਉ ॥
16483	359	ਕਿਰਤੁ ਪਇਆ ਪਰਵਾਣਾ ਲਿਖਿਆ ਬਾਹੁੜਿ ਹੁਕਮੁ ਨ ਹੋਈ॥	(ਪਰਵਾਣਾ) ਲੇਖ	Kirath Paeiaa Paravaanaa Likhiaa Baahurr Hukam N Hoee ||	The deeds are done according to pre-ordained destiny; no one can turn back this Order.	ਸਾਡੇ ਜਨਮ ਜਨਮਾਂਤਰਾਂ ਦੇ ਕੀਤੇ ਕੰਮਾਂ ਦੇ ਸੰਸਕਾਰਾਂ ਦਾ ਜੋ ਇਕੱਠ ਸਾਡੇ ਮਨ ਵਿਚ ਉਕਰਿਆ ਪਿਆ ਹੁੰਦਾ ਹੈ, ਉਸ ਦੇ ਅਨੁਸਾਰ ਸਾਡੀ ਜੀਵਨ-ਰਾਹਦਾਰੀ ਲਿਖੀ ਪਈ ਹੁੰਦੀ ਹੈ, ਉਸ ਦੇ ਉਲਟ ਜ਼ੋਰ ਨਹੀਂ ਚੱਲ ਸਕਦਾ।

16484	359	ਜੈਸਾ ਲਿਖਿਆ ਤੈਸਾ ਪੜਿਆ ਮੇਟਿ ਨ ਸਕੈ ਕੋਈ॥੨॥	ਪੜਿਆ	Jaisaa Likhiaa Thaisaa Parriaa Maett N Sakai Koee ||2||	As it is written, so it comes to pass; no one can erase it. ||2||	ਫਿਰ ਜੇਹੋ ਜੇਹਾ ਉਹ ਜੀਵਨ-ਲੇਖ ਲਿਖਿਆ ਪਿਆ ਹੈ, ਉਸ ਦੇ ਅਨੁਸਾਰ (ਜੀਵਨ-ਸਫ਼ਰ) ਉਘੜਦਾ ਚਲਾ ਆਉਂਦਾ ਹੈ, ਕੋਈ (ਉਹਨਾਂ ਲੀਹਾਂ ਨੂੰ ਆਪਣੇ ਉੱਦਮ ਨਾਲ) ਮਿਟਾ ਨਹੀਂ ਸਕਦਾ (ਉਹਨਾਂ ਨੂੰ ਮਿਟਾਣ ਦਾ ਇਕੋ ਇਕ ਤਰੀਕਾ ਹੈ-ਰਜ਼ਾ ਵਿਚ ਤੁਰ ਕੇ ਸਿਫ਼ਤਿ-ਸਾਲਾਹ ਕਰਦੇ ਰਹਿਣਾ) ॥੨॥
16485	359	ਜੇ ਕੋ ਦਰਗਹ ਬਹੁਤਾ ਬੋਲੈ ਨਾਉ ਪਵੈ ਬਾਜਾਰੀ॥		Jae Ko Dharageh Bahuthaa Bolai Naao Pavai Baajaaree ||	He who talks on and on in the Lord's Court is known as a joker.	ਜੇ ਕੋਈ ਜੀਵ ਇਸ ਧੁਰੋਂ ਲਿਖੇ ਹੁਕਮ ਦੇ ਉਲਟ ਬੜੇ ਇਤਰਾਜ਼ ਕਰੀ ਜਾਏ (ਹੁਕਮ ਅਨੁਸਾਰ ਤੁਰਨ ਦੀ ਜਾਚ ਨ ਸਿੱਖੇ, ਉਸ ਦਾ ਸੰਵਰਦਾ ਕੁਝ ਨਹੀਂ, ਸਗੋਂ) ਉਸ ਦਾ ਨਾਮ ਬੜਬੋਲਾ ਹੀ ਪੈ ਸਕਦਾ ਹੈ।
16486	359	ਸਤਰੰਜ ਬਾਜੀ ਪਕੈ ਨਾਹੀ ਕਚੀ ਆਵੈ ਸਾਰੀ॥੩॥	ਪੱਕੈ ਕੱਚੀ	Satharanj Baajee Pakai Naahee Kachee Aavai Saaree ||3||	He is not successful in the game of chess, and his chessmen do not reach their goal. ||3||	(ਜੀਵਨ ਦੀ ਬਾਜ਼ੀ) ਸ਼ਤਰੰਜ (ਚੌਪੜ) ਦੀ ਬਾਜ਼ੀ (ਵਰਗੀ) ਹੈ, (ਰਜ਼ਾ ਦੇ ਉਲਟ ਤੁਰਿਆਂ ਤੇ ਗਿਲੇ ਕੀਤਿਆਂ ਇਹ ਬਾਜ਼ੀ) ਜਿੱਤੀ ਨਹੀਂ ਜਾ ਸਕੇਗੀ, ਨਰਦਾਂ ਕੱਚੀਆਂ ਹੀ ਰਹਿੰਦੀਆਂ ਹਨ (ਪੁੱਗਦੀਆਂ ਸਿਰਫ਼ ਉਹੀ ਹਨ ਜੋ) ਪੁੱਗਣ ਵਾਲੇ ਘਰ ਵਿਚ ਜਾ (ਪਹੁੰਚਦੀਆਂ ਹਨ) ॥੩॥

16487	359	ਨਾ ਕੋ ਪੜਿਆ ਪੰਡਿਤੁ ਬੀਨਾ ਨਾ ਕੋ ਮੂਰਖੁ ਮੰਦਾ॥	(ਬੀਨਾ) ਸਿਆਣਾ। ਪੜ੍ਹਿਆ	Naa Ko Parriaa Panddith Beenaa Naa Ko Moorakh Mandhaa ||	By himself, no one is literate, learned or wise; no one is ignorant or evil.	ਇਸ ਰਸਤੇ ਵਿਚ ਨਾਹ ਕੋਈ ਵਿਦਵਾਨ ਪੰਡਿਤ ਸਿਆਣਾ ਕਿਹਾ ਜਾ ਸਕਦਾ ਹੈ, ਨਾਹ ਕੋਈ (ਅਨਪੜ੍ਹ) ਮੂਰਖ ਭੈੜਾ ਮੰਨਿਆ ਜਾ ਸਕਦਾ ਹੈ (ਜੀਵਨ ਦੇ ਸਹੀ ਰਸਤੇ ਵਿਚ ਨਾਹ ਨਿਰੀ ਵਿੱਦਵਤਾ ਸਫਲਤਾ ਦਾ ਵਸੀਲਾ ਹੈ, ਨਾਹ ਅਨਪੜ੍ਹਤਾ ਵਾਸਤੇ ਅਸਫਲਤਾ ਜ਼ਰੂਰੀ ਹੈ)।
16488	359	ਬੰਦੀ ਅੰਦਰਿ ਸਿਫਤਿ ਕਰਾਏ ਤਾ ਕਉ ਕਹੀਐ ਬੰਦਾ॥੪॥੨॥੩੬॥	(ਬੰਦੀ) ਰਜ਼ਾ, ਬੰਦਗੀ	Bandhee Andhar Sifath Karaaeae Thaa Ko Keheeai Bandhaa ||4||2||36||	When, as a slave, one praises the Lord, only then is he known as a human being. ||4||2||36||	ਉਹ ਜੀਵ ਬੰਦਾ ਅਖਵਾ ਸਕਦਾ ਹੈ ਜਿਸ ਨੂੰ ਪ੍ਰਭੂ ਆਪਣੀ ਰਜ਼ਾ ਵਿਚ ਰੱਖ ਕੇ ਉਸ ਪਾਸੋਂ ਆਪਣੀ ਸਿਫ਼ਤਿ-ਸਾਲਾਹ ਕਰਾਂਦਾ ਹੈ ॥੪॥੨॥੩੬॥
16489	359	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16490	359	ਗੁਰ ਕਾ ਸਬਦੁ ਮਨੈ ਮਹਿ ਮੁੰਦ੍ਰਾ ਖਿੰਥਾ ਖਿਮਾ ਹਢਾਵਉ॥	(ਖਿੰਥਾ) ਗੋਦੜੀ, ਖਫਣੀ	Gur Kaa Sabadh Manai Mehi Mundhraa Khinthhaa Khimaa Hadtaavo ||	Let the Word of the Guru's Shabad be the ear-rings in your mind, and wear the patched coat of tolerance.	(ਹੇ ਜੋਗੀ!) ਗੁਰੂ ਦਾ ਸ਼ਬਦ ਮੈਂ ਆਪਣੇ ਮਨ ਵਿਚ ਟਿਕਾਇਆ ਹੋਇਆ ਹੈ ਇਹ ਹਨ ਮੁੰਦ੍ਰਾਂ (ਜੋ ਮੈਂ ਕੰਨਾਂ ਵਿਚ ਨਹੀਂ, ਮਨ ਵਿਚ ਪਾਈਆਂ ਹੋਈਆਂ ਹਨ)। ਮੈਂ ਖਿਮਾ ਦਾ ਸੁਭਾਉ (ਪਕਾ ਰਿਹਾ ਹਾਂ, ਇਹ ਮੈਂ) ਗੋਦੜੀ ਪਹਿਨਦਾ ਹਾਂ।

16491	359	ਜੋ ਕਿਛੁ ਕਰੈ ਭਲਾ ਕਰਿ ਮਾਨਉ ਸਹਜ ਜੋਗ ਨਿਧਿ ਪਾਵਉ॥੧॥		Jo Kishh Karai Bhalaa Kar Maano Sehaj Jog Nidhh Paavo ||1||	Whatever the Lord does, look upon that as good; thus you shall obtain the treasure of Sehj Yoga. ||1||	ਜੋ ਕੁਝ ਪਰਮਾਤਮਾ ਕਰਦਾ ਹੈ ਉਸ ਨੂੰ ਮੈਂ ਜੀਵਾਂ ਦੀ ਭਲਾਈ ਵਾਸਤੇ ਹੀ ਮੰਨਦਾ ਹਾਂ, ਇਸ ਤਰ੍ਹਾਂ ਮੇਰਾ ਮਨ ਡੋਲਣੋਂ ਬਚਿਆ ਰਹਿੰਦਾ ਹੈ-ਇਹ ਹੈ ਜੋਗ-ਸਾਧਨਾਂ ਦਾ ਖ਼ਜ਼ਾਨਾ, ਜੋ ਮੈਂ ਇਕੱਠਾ ਕਰ ਰਿਹਾ ਹਾਂ ॥੧॥
16492	360	ਬਾਬਾ ਜੁਗਤਾ ਜੀਉ ਜੁਗਹ ਜੁਗ ਜੋਗੀ ਪਰਮਤੰਤ ਮਹਿ ਜੋਗੰ॥	(ਜੁਗਤਾ) ਜੁੜਿਆ ਹੋਇਆ। (ਪਰਮਤੰਤ) ਵਾਹਿਗੁਰੂ ਜੀ। ਜੁੱਗਹ ਜੁੱਗ	Baabaa Jugathaa Jeeo Jugeh Jug Jogee Param Thanth Mehi Jogan ||	O father, the soul which is united in union as a Yogi, remains united in the supreme essence throughout the ages.	ਹੇ ਭਾਈ! ਜਿਸ ਮਨੁੱਖ ਦਾ ਪਰਮੇਸਰ ਦੇ ਚਰਨਾਂ ਵਿਚ ਜੋੜ ਹੋ ਗਿਆ ਹੈ ਉਹੀ ਜੁੜਿਆ ਹੋਇਆ ਹੈ ਉਹੀ ਅਸਲ ਜੋਗੀ ਹੈ ਜਿਸ ਦੀ ਸਮਾਧੀ ਸਦਾ ਲਗੀ ਰਹਿੰਦੀ ਹੈ।
16493	360	ਅੰਮ੍ਰਿਤੁ ਨਾਮੁ ਨਿਰੰਜਨ ਪਾਇਆ ਗਿਆਨ ਕਾਇਆ ਰਸ ਭੋਗੰ॥੧॥ਰਹਾਉ॥		Anmrith Naam Niranjan Paaeiaa Giaan Kaaeiaa Ras Bhogan ||1|| Rehaao ||	One who has obtained the Ambrosial Naam, the Name of the Immaculate Lord - his body enjoys the pleasure of spiritual wisdom. ||1||Pause||	ਜਿਸ ਮਨੁੱਖ ਨੇ ਮਾਇਆ-ਰਹਿਤ ਪਰਮਾਤਮਾ ਦਾ ਅਟੱਲ ਆਤਮਕ ਜੀਵਨ ਦੇਣ ਵਾਲਾ ਨਾਮ ਪ੍ਰਾਪਤ ਕਰ ਲਿਆ ਹੈ ਉਹ ਪਰਮਾਤਮਾ ਨਾਲ ਡੂੰਘੀ ਜਾਣ-ਪਛਾਣ ਦੇ ਆਤਮਕ ਆਨੰਦ ਆਪਣੇ ਹਿਰਦੇ ਵਿਚ (ਸਦਾ) ਮਾਣਦਾ ਹੈ ॥੧॥ ਰਹਾਉ ॥

16494	360	ਸਿਵ ਨਗਰੀ ਮਹਿ ਆਸਣਿ ਬੈਸਉ ਕਲਪ ਤਿਆਗੀ ਬਾਦੰ॥	(ਸਿਵ) ਕਲਿਆਣ ਸਰੂਪ ਵਾਹਿਗੁਰੂ ਜੀ। (ਕਲਪ) ਕਲਪਨਾ। (ਬਾਦੰ) ਝਗੜੇ। ਨੱਗਰੀ	Siv Nagaree Mehi Aasan Baiso Kalap Thiaagee Baadhan ||	In the Lord's City, he sits in his Yogic posture, and he forsakes his desires and conflicts.	(ਹੇ ਜੋਗੀ!) ਮੈਂ ਭੀ ਆਸਣ ਤੇ ਬੈਠਦਾ ਹਾਂ, ਮੈਂ ਮਨ ਦੀਆਂ ਕਲਪਨਾਂ ਅਤੇ ਦੁਨੀਆ ਵਾਲੇ ਝਗੜੇ-ਝਾਂਝੇ ਛੱਡ ਕੇ ਕਲਿਆਨ-ਸਰੂਪ ਪ੍ਰਭੂ ਦੇ ਦੇਸ ਵਿਚ (ਪ੍ਰਭੂ ਦੇ ਚਰਨਾਂ ਵਿਚ) ਟਿਕ ਕੇ ਬੈਠਦਾ ਹਾਂ (ਇਹ ਹੈ ਮੇਰਾ ਆਸਣ ਉਤੇ ਬੈਠਣਾ)।
16495	360	ਸਿੰਙੀ ਸਬਦੁ ਸਦਾ ਧੁਨਿ ਸੋਹੈ ਅਹਿ ਨਿਸਿ ਪੂਰੈ ਨਾਦੰ॥੨॥		Sinn(g)ee Sabadh Sadhaa Dhhun Sohai Ahinis Poorai Naadhan ||2||	The sound of the horn ever rings out its beautiful melody, and day and night, he is filled with the sound current of the Naad. ||2||	ਹੇ ਜੋਗੀ! ਤੂੰ ਸਿੰਙੀ ਵਜਾਂਦਾ ਹੈਂ) ਮੇਰੇ ਅੰਦਰ ਗੁਰੂ ਦਾ ਸ਼ਬਦ (ਗੱਜ ਰਿਹਾ) ਹੈ; ਇਹ ਹੈ ਸਿੰਙੀ ਦੀ ਮਿੱਠੀ ਸੁਹਾਵਣੀ ਸੁਰ, ਜੇ ਮੇਰੇ ਅੰਦਰ ਹੋ ਰਹੀ ਹੈ। ਦਿਨ ਰਾਤ ਮੇਰਾ ਮਨ ਗੁਰ-ਸ਼ਬਦ ਦਾ ਨਾਦ ਵਜਾ ਰਿਹਾ ਹੈ ॥੨॥
16496	360	ਪਤੁ ਵੀਚਾਰੁ ਗਿਆਨ ਮਤਿ ਡੰਡਾ ਵਰਤਮਾਨ ਬਿਭੂਤੰ॥	ਪਤੁ:ਪੋਲਾ ਬੋਲੋ। (ਪਤੁ) ਭਿੱਖਿਆ ਲਈ ਪਾਤਰ। (ਵਰਤਮਾਨ) ਮੌਜੂਦ। (ਬਿਭੂਤੰ) ਸੁਆਹ	Path Veechaar Giaan Math Ddanddaa Varathamaan Bibhoothan ||	My cup is reflective meditation, and spiritual wisdom is my walking stick; to dwell in the Lord's Presence is the ashes I apply to my body.	(ਹੇ ਜੋਗੀ! ਤੂੰ ਹੱਥ ਵਿਚ ਖੱਪਰ ਲੈ ਕੇ ਘਰ ਘਰ ਤੋਂ ਭਿੱਛਿਆ ਮੰਗਦਾ ਹੈਂ ਮੈਂ ਪ੍ਰਭੂ ਦੇ ਦਰ ਤੋਂ ਉਸ ਦੇ ਗੁਣਾਂ ਦੀ) ਵਿਚਾਰ (ਮੰਗਦਾ ਹਾਂ, ਇਹ) ਹੈ ਮੇਰਾ ਖੱਪਰ। ਪਰਮਾਤਮਾ ਨਾਲ ਡੂੰਘੀ ਸਾਂਝ ਪਾ ਰੱਖਣ ਵਾਲੀ ਮਤਿ (ਮੇਰੇ ਹੱਥ ਵਿਚ) ਡੰਡਾ ਹੈ (ਜੋ ਕਿਸੇ ਵਿਕਾਰ ਨੂੰ ਨੇੜੇ ਨਹੀਂ ਢੁਕਣ ਦੇਂਦਾ)। ਪ੍ਰਭੂ ਨੂੰ ਹਰ ਥਾਂ ਮੌਜੂਦ ਵੇਖਣਾ ਮੇਰੇ ਵਾਸਤੇ ਪਿੰਡੇ ਤੇ ਮਲਣ ਵਾਲੀ ਸੁਆਹ ਹੈ।

16497	360	ਹਰਿ ਕੀਰਤਿ ਰਹਰਾਸਿ ਹਮਾਰੀ ਗੁਰਮੁਖਿ ਪੰਥੁ ਅਤੀਤੰ॥੩॥	(ਰਹਰਾਸਿ) ਮਰਯਾਦਾ। (ਅਤੀਤੰ) ਵਿਰਕਤ	Har Keerath Reharaas Hamaaree Guramukh Panthh Atheethan ||3||	The Praise of the Lord is my occupation; and to live as Gurmukh is my pure religion. ||3||	ਅਕਾਲ ਪੁਰਖ ਦੀ ਸਿਫ਼ਤਿ-ਸਾਲਾਹ (ਮੇਰੇ ਵਾਸਤੇ) ਜੋਗ ਦੀ (ਪ੍ਰਭੂ ਨਾਲ ਮਿਲਾਪ ਦੀ) ਮਰਯਾਦਾ ਹੈ। ਗੁਰੂ ਦੇ ਸਨਮੁਖ ਟਿਕੇ ਰਹਿਣਾ ਹੀ ਸਾਡਾ ਧਰਮ-ਰਸਤਾ ਹੈ ਜੋ ਸਾਨੂੰ ਮਾਇਆ ਤੋਂ ਵਿਰਕਤ ਰੱਖਦਾ ਹੈ ॥੩॥
16498	360	ਸਗਲੀ ਜੋਤਿ ਹਮਾਰੀ ਸੰਮਿਆ ਨਾਨਾ ਵਰਨ ਅਨੇਕੰ॥	(ਸੰਮਿਆ) ਵੈਰਾਗਣ, ਸੰਗਿਆ ਅਥਵਾ ਸੰਪ੍ਰਦਾ। (ਵਰਨ) ਰੰਗ। ਨ੍ਾਨ੍ਾ	Sagalee Joth Hamaaree Sanmiaa Naanaa Varan Anaekan ||	My arm-rest is to see the Lord's Light in all, although their forms and colors are so numerous.	ਸਭ ਜੀਵਾਂ ਵਿਚ ਅਨੇਕਾਂ ਰੰਗਾਂ-ਰੂਪਾਂ ਵਿਚ ਪ੍ਰਭੂ ਦੀ ਜੋਤਿ ਨੂੰ ਵੇਖਣਾ-ਇਹ ਹੈ ਸਾਡੀ ਬੈਰਾਗਣ-
16499	360	ਕਹੁ ਨਾਨਕ ਸੁਣਿ ਭਰਥਰਿ ਜੋਗੀ ਪਾਰਬ੍ਰਹਮ ਲਿਵ ਏਕੰ॥੪॥੩॥੩੭॥		Kahu Naanak Sun Bharathhar Jogee Paarabreham Liv Eaekan ||4||3||37||	Says Nanak, listen, O Bharthari Yogi: love only the Supreme Lord God. ||4||3||37||	ਹੇ ਨਾਨਕ! (ਆਖ-) ਹੇ ਭਰਥਰੀ ਜੋਗੀ! ਸੁਣ, ਜੋ ਸਾਨੂੰ ਪ੍ਰਭੂ-ਚਰਨਾਂ ਵਿਚ ਜੁੜਨ ਲਈ ਸਹਾਰਾ ਦੇਂਦੀ ਹੈ ॥੪॥੩॥੩੭॥
16500	360	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16501	360	ਗੁੜੁ ਕਰਿ ਗਿਆਨੁ ਧਿਆਨੁ ਕਰਿ ਧਾਵੈ ਕਰਿ ਕਰਣੀ ਕਸੁ ਪਾਈਐ॥	(ਧਾਵੈ) ਮਹੂਏ ਦੇ ਫੁੱਲ ਜਿਨਾਂ ਤੋਂ ਸ਼ਰਾਬ ਬਣਦੀ ਹੈ। (:ਪੋਲਾ ਬੋਲੋ ਕਸੁ) ਕਿੱਕਰ ਦਾ ਸੱਕ	Gurr Kar Giaan Dhhiaan Kar Dhhaavai Kar Karanee Kas Paaeeai ||	Make spiritual wisdom your molasses, and meditation your scented flowers; let good deeds be the herbs.	(ਹੇ ਜੋਗੀ!) ਪਰਮਾਤਮਾ ਨਾਲ ਡੂੰਘੀ ਸਾਂਝ ਨੂੰ ਗੁੜ ਬਣਾ, ਪ੍ਰਭੂ-ਚਰਨਾਂ ਵਿਚ ਜੁੜੀ ਸੁਰਤਿ ਨੂੰ ਮਹੂਏ ਦੇ ਫੁੱਲ ਬਣਾ, ਉੱਚੇ ਆਚਰਨ ਨੂੰ ਕਿੱਕਰਾਂ ਦੇ ਸੱਕ ਬਣਾ ਕੇ (ਇਹਨਾਂ ਵਿਚ) ਰਲਾ ਦੇ।

16502	360	ਭਾਠੀ ਭਵਨੁ ਪ੍ਰੇਮ ਕਾ ਪੋਚਾ ਇਤੁ ਰਸਿ ਅਮਿਉ ਚੁਆਈਐ॥੧॥	(ਭਵਨੁ) ਸਰੀਰ। ਪ੍ਰੇਮ ਰੂਪੀ ਠੰਢੇ ਪਾਣੀ ਦਾ ਪੋਚਾ ਭਾਫ਼ ਠੰਢੀ ਕਰਨ ਲਈ। (ਅਮਿਉ) ਅੰਮ੍ਰਿਤ	Bhaathee Bhavan Praem Kaa Pochaa Eith Ras Amio Chuaaeeai ||1||	Let devotional faith be the distilling fire, and your love the ceramic cup. Thus the sweet nectar of life is distilled. ||1||	ਸਰੀਰਕ ਮੋਹ ਨੂੰ ਸਾੜ-ਇਹ ਸ਼ਰਾਬ ਕੱਢਣ ਦੀ ਭੱਠੀ ਤਿਆਰ ਕਰ, ਪ੍ਰਭੂ-ਚਰਨਾਂ ਵਿਚ ਪਿਆਰ ਜੋੜ-ਇਹ ਹੈ ਉਹ ਠੰਡਾ ਪੋਚਾ ਜੋ ਅਰਕ ਵਾਲੀ ਨਾਲੀ ਉਤੇ ਫੇਰਨਾ ਹੈ। ਇਸ ਸਾਰੇ ਮਿਲਵੇਂ ਰਸ ਵਿਚੋਂ (ਅਟੱਲ ਆਤਮਕ ਜੀਵਨ ਦਾਤਾ) ਅੰਮ੍ਰਿਤ ਨਿਕਲੇਗਾ ॥੧॥
16503	360	ਬਾਬਾ ਮਨੁ ਮਤਵਾਰੋ ਨਾਮ ਰਸੁ ਪੀਵੈ ਸਹਜ ਰੰਗ ਰਚਿ ਰਹਿਆ॥	(ਮਤਵਾਰੋ) ਮਸਤ	Baabaa Man Mathavaaro Naam Ras Peevai Sehaj Rang Rach Rehiaa ||	O Baba, the mind is intoxicated with the Naam, drinking in its Nectar. It remains absorbed in the Lord's Love.	ਜੇ ਜੋਗੀ! (ਤੁਸੀਂ ਸੁਰਤਿ ਨੂੰ ਟਿਕਾਣ ਲਈ ਸ਼ਰਾਬ ਪੀਂਦੇ ਹੋ, ਇਹ ਨਸ਼ਾ ਉਤਰ ਜਾਂਦਾ ਹੈ; ਤੇ ਸੁਰਤਿ ਮੁੜ ਉੱਖੜ ਜਾਂਦੀ ਹੈ) ਅਸਲ ਮਸਤਾਨਾ ਉਹ ਮਨ ਹੈ ਜੋ ਪਰਮਾਤਮਾ ਦੇ ਸਿਮਰਨ ਦਾ ਰਸ ਪੀਂਦਾ ਹੈ (ਸਿਮਰਨ ਦਾ ਆਨੰਦ ਮਾਣਦਾ ਹੈ) ਜੋ (ਸਿਮਰਨ ਦੀ ਬਰਕਤਿ ਨਾਲ) ਅਡੋਲਤਾ ਦੇ ਹੁਲਾਰਿਆਂ ਵਿਚ ਟਿਕਿਆ ਰਹਿੰਦਾ ਹੈ,
16504	360	ਅਹਿ ਨਿਸਿ ਬਨੀ ਪ੍ਰੇਮ ਲਿਵ ਲਾਗੀ ਸਬਦੁ ਅਨਾਹਦ ਗਹਿਆ॥੧॥ਰਹਾਉ ॥	(ਗਹਿਆ) ਗ੍ਰਹਣ ਕੀਤਾ	Ahinis Banee Praem Liv Laagee Sabadh Anaahadh Gehiaa ||1|| Rehaao ||	Night and day, remaining attached to the Love of the Lord, the celestial music of the Shabad resounds. ||1||Pause||	ਜਿਸ ਨੂੰ ਪ੍ਰਭੂ-ਚਰਨਾਂ ਦੇ ਪ੍ਰੇਮ ਦੀ ਇਤਨੀ ਲਿਵ ਲਗਦੀ ਹੈ ਕਿ ਦਿਨ ਰਾਤ ਬਣੀ ਰਹਿੰਦੀ ਹੈ, ਜੋ ਆਪਣੇ ਗੁਰੂ ਦੇ ਸ਼ਬਦ ਨੂੰ ਸਦਾ ਇਕ-ਰਸ ਆਪਣੇ ਅੰਦਰ ਟਿਕਾਈ ਰੱਖਦਾ ਹੈ ॥੧॥ ਰਹਾਉ ॥

16505	360	ਪੂਰਾ ਸਾਚੁ ਪਿਆਲਾ ਸਹਜੇ ਤਿਸਹਿ ਪੀਆਏ ਜਾ ਕਉ ਨਦਰਿ ਕਰੇ॥		Pooraa Saach Piaalaa Sehajae Thisehi Peeaaeae Jaa Ko Nadhar Karae ||	The Perfect Lord naturally gives the cup of Truth, to the one upon whom He casts His Glance of Grace.	(ਹੇ ਜੋਗੀ!) ਇਹ ਹੈ ਉਹ ਪਿਆਲਾ ਜਿਸ ਦੀ ਮਸਤੀ ਸਦਾ ਟਿਕੀ ਰਹਿੰਦੀ ਹੈ, ਸਭ ਗੁਣਾਂ ਦਾ ਮਾਲਕ ਪ੍ਰਭੂ ਅਡੋਲਤਾ ਵਿਚ ਰੱਖ ਕੇ ਉਸ ਮਨੁੱਖ ਨੂੰ (ਇਹ ਪਿਆਲਾ) ਪਿਲਾਂਦਾ ਹੈ ਜਿਸ ਉਤੇ ਆਪ ਮੇਹਰ ਦੀ ਨਜ਼ਰ ਕਰਦਾ ਹੈ।
16506	360	ਅੰਮ੍ਰਿਤ ਕਾ ਵਾਪਾਰੀ ਹੋਵੈ ਕਿਆ ਮਦਿ ਛੂਛੈ ਭਾਉ ਧਰੇ॥੨॥	ਮਦਿ:ਪੋਲਾ ਬੋਲੋ। (ਮਦਿ) ਸ਼ਰਾਬ। (ਛੂਛੈ) ਘਟੀਆ। (ਭਾਉ) ਪਿਆਰ	Anmrith Kaa Vaapaaree Hovai Kiaa Madh Shhooshhai Bhaao Dharae ||2||	One who trades in this Nectar - how could he ever love the wine of the world? ||2||	ਜੇਹੜਾ ਮਨੁੱਖ ਅਟੱਲ ਆਤਮਕ ਜੀਵਨ ਦੇਣ ਵਾਲੇ ਇਸ ਰਸ ਦਾ ਵਪਾਰੀ ਬਣ ਜਾਏ ਉਹ (ਤੁਹਾਡੇ ਵਾਲੇ ਇਸ) ਹੋਛੇ ਸ਼ਰਾਬ ਨਾਲ ਪਿਆਰ ਨਹੀਂ ਕਰਦਾ ॥੨॥
16507	360	ਗੁਰ ਕੀ ਸਾਖੀ ਅੰਮ੍ਰਿਤ ਬਾਣੀ ਪੀਵਤ ਹੀ ਪਰਵਾਣੁ ਭਇਆ॥	(ਸਾਖੀ) ਸਿੱਖਿਆ	Gur Kee Saakhee Anmrith Baanee Peevath Hee Paravaan Bhaeiaa ||	The Teachings of the Guru, the Ambrosial Bani - drinking them in, one becomes acceptable and renowned.	ਜਿਸ ਮਨੁੱਖ ਨੇ ਅਟੱਲ ਆਤਮਕ ਜੀਵਨ ਦੇਣ ਵਾਲੀ ਗੁਰੂ ਦੀ ਸਿੱਖਿਆ-ਭਰੀ ਬਾਣੀ ਦਾ ਰਸ ਪੀਤਾ ਹੈ, ਉਹ ਪੀਂਦਿਆਂ ਹੀ ਪ੍ਰਭੂ ਦੀਆਂ ਨਜ਼ਰਾਂ ਵਿਚ ਕਬੂਲ ਹੋ ਜਾਂਦਾ ਹੈ,
16508	360	ਦਰ ਦਰਸਨ ਕਾ ਪ੍ਰੀਤਮੁ ਹੋਵੈ ਮੁਕਤਿ ਬੈਕੁੰਠੈ ਕਰੈ ਕਿਆ॥੩॥		Dhar Dharasan Kaa Preetham Hovai Mukath Baikunthai Karai Kiaa ||3||	Unto the one who loves the Lord's Court, and the Blessed Vision of His Darshan, of what use is liberation or paradise? ||3||	ਉਹ ਪਰਮਾਤਮਾ ਦੇ ਦਰ ਦੇ ਦੀਦਾਰ ਦਾ ਪ੍ਰੇਮੀ ਬਣ ਜਾਂਦਾ ਹੈ, ਉਸ ਨੂੰ ਨਾਹ ਮੁਕਤੀ ਦੀ ਲੋੜ ਰਹਿੰਦੀ ਹੈ ਨਾਹ ਬੈਕੁੰਠ ਦੀ ॥੩॥

16509	360	ਸਿਫਤੀ ਰਤਾ ਸਦ ਬੈਰਾਗੀ ਜੂਐ ਜਨਮੁ ਨ ਹਾਰੈ॥	ਰੱਤਾ	Sifathee Rathaa Sadh Bairaagee Jooai Janam N Haarai ||	Imbued with the Lord's Praises, one is forever a Bairaagee, a renunciate, and one's life is not lost in the gamble.	ਜੋ ਮਨੁੱਖ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਰੰਗਿਆ ਗਿਆ ਹੈ ਉਹ ਸਦਾ (ਮਾਇਆ ਦੇ ਮੋਹ ਤੋਂ) ਵਿਰਕਤ ਰਹਿੰਦਾ ਹੈ, ਉਹ ਆਤਮਕ ਮਨੁੱਖਾ ਜੀਵਨ ਜੂਏ ਵਿਚ (ਭਾਵ, ਅਜਾਈਂ) ਨਹੀਂ ਗਵਾਂਦਾ,
16510	360	ਕਹੁ ਨਾਨਕ ਸੁਣਿ ਭਰਥਰਿ ਜੋਗੀ ਖੀਵਾ ਅੰਮ੍ਰਿਤ ਧਾਰੈ॥੪॥੪॥੩੮॥	(ਖੀਵਾ) ਮਸਤ	Kahu Naanak Sun Bharathhar Jogee Kheevaa Anmrith Dhhaarai ||4||4||38||	Says Nanak, listen, O Bharthari Yogi: drink in the intoxicating nectar of the Lord. ||4||4||38||	ਹੇ ਨਾਨਕ! (ਆਖ-) ਹੇ ਭਰਥਰੀ ਜੋਗੀ! ਉਹ ਤਾਂ ਅਟੱਲ ਆਤਮਕ ਜੀਵਨ ਦਾਤੇ ਆਨੰਦ ਵਿਚ ਮਸਤ ਰਹਿੰਦਾ ਹੈ ॥੪॥੪॥੩੮॥
16511	360	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
16512	360	ਖੁਰਾਸਾਨ ਖਸਮਾਨਾ ਕੀਆ ਹਿੰਦੁਸਤਾਨੁ ਡਰਾਇਆ॥	(ਖਸਮਾਨਾ) ਸੌਂਪਿਆ	Khuraasaan Khasamaanaa Keeaa Hindhusathaan Ddaraaeiaa ||	Having attacked Khuraasaan, Baabar terrified Hindustan.	ਖੁਰਾਸਾਨ ਦੀ ਸਪੁਰਦਗੀ (ਕਿਸੇ ਹੋਰ ਨੂੰ) ਕਰ ਕੇ (ਬਾਬਰ ਮੁਗ਼ਲ ਨੇ ਹਮਲਾ ਕਰ ਕੇ) ਹਿੰਦੁਸਤਾਨ ਨੂੰ ਆ ਸਹਮ ਪਾਇਆ।

16513	360	ਆਪੈ ਦੋਸੁ ਨ ਦੇਈ ਕਰਤਾ ਜਮੁ ਕਰਿ ਮੁਗਲੁ ਚੜਾਇਆ॥		Aapai Dhos N Dhaeee Karathaa Jam Kar Mugal Charraaeiaa ||	The Creator Himself does not take the blame, but has sent the Mugal as the messenger of death.	(ਜੇਹੜੇ ਲੋਕ ਆਪਣੇ ਫ਼ਰਜ਼ ਭੁਲਾ ਕੇ ਰੰਗ ਰਲੀਆਂ ਵਿਚ ਪੈ ਜਾਂਦੇ ਹਨ ਉਹਨਾਂ ਨੂੰ ਸਜ਼ਾ ਭੁਗਤਣੀ ਹੀ ਪੈਂਦੀ ਹੈ, ਇਸ ਬਾਰੇ) ਕਰਤਾਰ ਆਪਣੇ ਉਤੇ ਇਤਰਾਜ਼ ਨਹੀਂ ਆਉਣ ਦੇਂਦਾ। (ਸੋ, ਫ਼ਰਜ਼ ਭੁਲਾ ਕੇ ਵਿਕਾਰਾਂ ਵਿਚ ਮਸਤ ਪਏ ਪਠਾਣ ਹਾਕਮਾਂ ਨੂੰ ਦੰਡ ਦੇਣ ਲਈ ਕਰਤਾਰ ਨੇ) ਮੁਗ਼ਲ-ਬਾਬਰ ਨੂੰ ਜਮਰਾਜ ਬਣਾ ਕੇ (ਹਿੰਦੁਸਤਾਨ ਤੇ) ਚਾੜ੍ਹ ਦਿੱਤਾ।
16514	360	ਏਤੀ ਮਾਰ ਪਈ ਕਰਲਾਣੇ ਤੈਂ ਕੀ ਦਰਦੁ ਨ ਆਇਆ॥੧॥	ਕਰਲਾਣੇ: ਕੱਕੇ ਔਂਕੜ ਨ ਲਾਉ। ਪੂਰਨ ਗੁਰੂ ਜੀ ਬਾਬਰ ਨੂੰ ਕਹਿ ਰਹੇ ਹਨ, ਕੀ ਤੈਨੂੰ ਦਰਦ ਨਹੀ ਆਇਆ। ਗੁਰੂ ਜੀ ਨੇ ਰੱਬ ਨੂੰ ਉਲਾਂਭਾ ਨਹੀਂ ਦਿਤਾ।	Eaethee Maar Pee Karalaanae Thain Kee Dharadh N Aaeiaa ||1||	There was so much slaughter that the people screamed. Didn't You feel compassion, Lord? ||1||	(ਪਰ, ਹੇ ਕਰਤਾਰ! ਬਦ-ਮਸਤ ਪਠਾਣ ਹਾਕਮਾਂ ਦੇ ਨਾਲ ਗਰੀਬ ਨਿਹੱਥੇ ਲੋਕ ਭੀ ਪੀਸੇ ਗਏ) ਇਤਨੀ ਮਾਰ ਪਈ ਕਿ ਉਹ (ਹਾਇ ਹਾਇ) ਪੁਕਾਰ ਉਠੇ। ਕੀ (ਇਹ ਸਭ ਕੁਝ ਵੇਖ ਕੇ) ਤੈਨੂੰ ਉਹਨਾਂ ਉਤੇ ਤਰਸ ਨਹੀਂ ਆਇਆ? ॥੧॥
16515	360	ਕਰਤਾ ਤੂੰ ਸਭਨਾ ਕਾ ਸੋਈ॥	(ਸੋਈ) ਸਾਰ ਲੈਣ ਵਾਲੇ	Karathaa Thoon Sabhanaa Kaa Soee ||	O Creator Lord, You are the Master of all.	ਹੇ ਕਰਤਾਰ! ਤੂੰ ਸਭਨਾਂ ਹੀ ਜੀਵਾਂ ਦੀ ਸਾਰ ਰੱਖਣ ਵਾਲਾ ਹੈਂ।

16516	360	ਜੇ ਸਕਤਾ ਸਕਤੇ ਕਉ ਮਾਰੇ ਤਾ ਮਨਿ ਰੋਸੁ ਨ ਹੋਈ॥੧॥ਰਹਾਉ॥	ਜੇ (ਸਕਤਾ) ਜ਼ੋਰਾਵਰ (ਸਕਤੇ) ਜ਼ੋਰਾਵਰ ਫੌਜ਼ ਨੂੰ ਹੀ ਮਾਰਦੀ ਤਾਂ ਮਨ ਚ ਰੋਸੁ ਨਹੀਂ ਸੀ	Jae Sakathaa Sakathae Ko Maarae Thaa Man Ros N Hoee ||1|| Rehaao ||	If some powerful man strikes out against another man, then no one feels any grief in their mind. ||1||Pause||	ਜੇ ਕੋਈ ਜ਼ੋਰਾਵਰ ਜ਼ੋਰਾਵਰ ਨੂੰ ਮਾਰ ਕੁਟਾਈ ਕਰੇ ਤਾਂ (ਵੇਖਣ ਵਾਲਿਆਂ ਦੇ) ਮਨ ਵਿਚ ਗੁੱਸਾ-ਗਿਲਾ ਨਹੀਂ ਹੁੰਦਾ (ਕਿਉਂਕਿ ਦੋਵੇਂ ਧਿਰਾਂ ਇਕ ਦੂਜੇ ਨੂੰ ਕਰਾਰੇ ਹੱਥ ਵਿਖਾ ਲੈਂਦੇ ਹਨ) ॥੧॥ ਰਹਾਉ ॥
16517	360	ਸਕਤਾ ਸੀਹੁ ਮਾਰੇ ਪੈ ਵਗੈ ਖਸਮੈ ਸਾ ਪੁਰਸਾਈ॥	ਪਰ ਹੇ ਬਾਬਰ ਤੇਰੀ ਫੌਜ਼ ਨੇ ਨਿਹੱਥੇ (ਵੱਗੈ) ਗਊ ਗ੍ਰੀਬਾਂ ਨੂੰ ਮਾਰਿਆ ਇਸ ਦੀ (ਪੁਰਸਾਈ) ਜਵਾਬਦੇਹੀ (ਖਸਮੈ) ਮਾਲਕ ਵਾਹਿਗੁਰੂ ਜੀ ਲੈਣਗੇ। (ਸੀਹੁ) ਸ਼ੇਰ। (ਪੁਰਸਾਈ) ਪੁਰਸ਼ਾਰਥ, ਜਵਾਬਦੇਹੀ, ਉਦਮ, ਮਰਦਊਪੁਣਾ	Sakathaa Seehu Maarae Pai Vagai Khasamai Saa Purasaaee ||	But if a powerful tiger attacks a flock of sheep and kills them, then its master must answer for it.	ਪਰ ਜੇ ਕੋਈ ਸ਼ੇਰ (ਵਰਗਾ) ਜ਼ੋਰਾਵਰ ਗਾਈਆਂ ਦੇ ਵੱਗ (ਵਰਗੇ ਕਮਜ਼ੋਰ ਨਿਹੱਥਿਆਂ) ਉਤੇ ਹੱਲਾ ਕਰ ਕੇ ਮਾਰਨ ਨੂੰ ਆ ਪਏ, ਤਾਂ ਇਸ ਦੀ ਪੁੱਛ (ਵੱਗ ਦੇ) ਖਸਮ ਨੂੰ ਹੀ ਹੁੰਦੀ ਹੈ (ਤਾਹੀਏਂ, ਹੇ ਕਰਤਾਰ! ਮੈਂ ਤੇਰੇ ਅੱਗੇ ਪੁਕਾਰ ਕਰਦਾ ਹਾਂ)।
16518	360	ਰਤਨ ਵਿਗਾੜਿ ਵਿਗੋਏ ਕੁਤੰੀ ਮੁਇਆ ਸਾਰ ਨ ਕਾਈ॥	ਕੁੱਤੀਂ	Rathan Vigaarr Vigoeae Kuthanaee Mueiaa Saar N Kaaee ||	This priceless country has been laid waste and defiled by dogs, and no one pays any attention to the dead.	(ਕੁੱਤੇ ਓਪਰੇ ਕੁੱਤਿਆਂ ਨੂੰ ਵੇਖ ਕੇ ਜਰ ਨਹੀਂ ਸਕਦੇ, ਪਾੜ ਖਾਂਦੇ ਹਨ। ਇਸੇ ਤਰ੍ਹਾਂ ਮਨੁੱਖ ਨੂੰ ਪਾੜ ਖਾਣ ਵਾਲੇ ਇਹਨਾਂ ਮਨੁੱਖ-ਰੂਪ ਮੁਗ਼ਲ) ਕੁੱਤਿਆਂ ਨੇ (ਤੇਰੇ ਬਣਾਏ) ਸੋਹਣੇ ਬੰਦਿਆਂ ਨੂੰ ਮਾਰ ਮਾਰ ਕੇ ਮਿੱਟੀ ਵਿਚ ਰੋਲ ਦਿੱਤਾ ਹੈ, ਮਰੇ ਪਿਆਂ ਦੀ ਕੋਈ ਸਾਰ ਹੀ ਨਹੀਂ ਲੈਂਦਾ।

16519	360	ਆਪੇ ਜੋੜਿ ਵਿਛੋੜੇ ਆਪੇ ਵੇਖੁ ਤੇਰੀ ਵਡਿਆਈ॥੨॥		Aapae Jorr Vishhorrae Aapae Vaekh Thaeree Vaddiaaee ||2||	You Yourself unite, and You Yourself separate; I gaze upon Your Glorious Greatness. ||2||	(ਹੇ ਕਰਤਾਰ! ਤੇਰੀ ਰਜ਼ਾ ਤੂੰ ਹੀ ਜਾਣੇਂ) ਤੂੰ ਆਪ ਹੀ (ਸੰਬੰਧ) ਜੋੜ ਕੇ ਆਪ ਹੀ ਇਹਨਾਂ ਨੂੰ ਮੌਤ ਦੇ ਘਾਟ ਉਤਾਰ ਕੇ ਆਪੋ ਵਿਚੋਂ) ਵਿਛੋੜ ਦਿੱਤਾ ਹੈ। ਵੇਖ! ਹੇ ਕਰਤਾਰ! ਇਹ ਤੇਰੀ ਤਾਕਤ ਦਾ ਕਰਿਸ਼ਮਾ ਹੈ ॥੨॥
16520	360	ਜੇ ਕੋ ਨਾਉ ਧਰਾਏ ਵਡਾ ਸਾਦ ਕਰੇ ਮਨਿ ਭਾਣੇ॥		Jae Ko Naao Dhharaaeae Vaddaa Saadh Karae Man Bhaanae ||	One may give himself a great name, and revel in the pleasures of the mind,	(ਧਨ ਪਦਾਰਥ ਹਕੂਮਤ ਆਦਿਕ ਦੇ ਨਸ਼ੇ ਵਿਚ ਮਨੁੱਖ ਆਪਣੀ ਹਸਤੀ ਨੂੰ ਭੁੱਲ ਜਾਂਦਾ ਹੈ ਤੇ ਬੜੀ ਆਕੜ ਵਿਖਾ ਵਿਖਾ ਕੇ ਹੋਰਨਾਂ ਨੂੰ ਦੁੱਖ ਦੇਂਦਾ ਹੈ, ਪਰ ਇਹ ਨਹੀਂ ਸਮਝਦਾ ਕਿ) ਜੇ ਕੋਈ ਮਨੁੱਖ ਆਪਣੇ ਆਪ ਨੂੰ ਵੱਡਾ ਅਖਵਾ ਲਏ, ਤੇ ਮਨ-ਮੰਨੀਆਂ ਰੰਗ-ਰਲੀਆਂ ਮਾਣ ਲਏ,
16521	360	ਖਸਮੈ ਨਦਰੀ ਕੀੜਾ ਆਵੈ ਜੇਤੇ ਚੁਗੈ ਦਾਣੇ॥	ਚੁਗੈ: ਪੋਲਾ ਬੋਲੋ	Khasamai Nadharee Keerraa Aavai Jaethae Chugai Dhaanae ||	But in the Eyes of the Lord and Master, he is just a worm, for all the corn that he eats.	ਤਾਂ ਭੀ ਉਹ ਖਸਮ-ਪ੍ਰਭੂ ਦੀਆਂ ਨਜ਼ਰਾਂ ਵਿਚ ਇਕ ਕੀੜਾ ਹੀ ਦਿੱਸਦਾ ਹੈ ਜੋ (ਧਰਤੀ ਤੋਂ) ਦਾਣੇ ਚੁਗ ਚੁਗ ਕੇ ਨਿਰਬਾਹ ਕਰਦਾ ਹੈ (ਹਉਮੈ ਦੀ ਬਦ-ਮਸਤੀ ਵਿਚ ਉਹ ਮਨੁੱਖ ਜ਼ਿੰਦਗੀ ਅਜਾਈਂ ਹੀ ਗਵਾ ਜਾਂਦਾ ਹੈ)।

16522	360	ਮਰਿ ਮਰਿ ਜੀਵੈ ਤਾ ਕਿਛੁ ਪਾਏ ਨਾਨਕ ਨਾਮੁ ਵਖਾਣੇ॥੩॥੫॥੩੯॥		Mar Mar Jeevai Thaa Kishh Paaeae Naanak Naam Vakhaanae ||3||5||39||	Only one who dies to his ego while yet alive, obtains the blessings, O Nanak, by chanting the Lord's Name. ||3||5||39||	ਹੇ ਨਾਨਕ! ਜੇਹੜਾ ਮਨੁੱਖ ਵਿਕਾਰਾਂ ਵਲੋਂ ਆਪਾ ਮਾਰ ਕੇ (ਆਤਮਕ ਜੀਵਨ) ਜੀਊਂਦਾ ਹੈ, ਤੇ ਪ੍ਰਭੂ ਦਾ ਨਾਮ ਸਿਮਰਦਾ ਹੈ ਉਹੀ ਇਥੋਂ ਕੁਝ ਖੱਟਦਾ ਹੈ ॥੩॥੫॥੩੯॥
16523	360	ਰਾਗੁ ਆਸਾ ਘਰੁ ੨ ਮਹਲਾ ੩		Raag Aasaa Ghar 2 Mehalaa 3	Raag Aasaa, Second House, Third Mehl:	ਰਾਗ ਆਸਾ, ਘਰ ੨ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।
16524	360	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
16525	360	ਹਰਿ ਦਰਸਨੁ ਪਾਵੈ ਵਡਭਾਗਿ॥		Har Dharasan Paavai Vaddabhaag ||	The Blessed Vision of the Lord's Darshan is obtained by great good fortune.	ਮਨੁੱਖ ਵੱਡੀ ਕਿਸਮਤਿ ਨਾਲ ਪਰਮਾਤਮਾ ਦਾ (ਮਿਲਾਪ ਕਰਾਣ ਵਾਲਾ ਗੁਰ-) ਸ਼ਾਸਤ੍ਰ ਪ੍ਰਾਪਤ ਕਰਦਾ ਹੈ।
16526	360	ਗੁਰ ਕੈ ਸਬਦਿ ਸਚੈ ਬੈਰਾਗਿ॥		Gur Kai Sabadh Sachai Bairaag ||	Through the Word of the Guru's Shabad, true detachment is obtained.	ਗੁਰੂ ਦੇ ਸ਼ਬਦ ਵਿਚ (ਜੁੜ ਕੇ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲਗਨ ਜੋੜ ਕੇ (ਇਸ ਦੀ ਪ੍ਰਾਪਤੀ ਹੁੰਦੀ ਹੈ।)
16527	360	ਖਟੁ ਦਰਸਨੁ ਵਰਤੈ ਵਰਤਾਰਾ॥	ਖਟੁ:ਪੋਲਾ ਬੋਲੋ। (ਖਟੁ) ਛੇ (ਦਰਸਨੁ) ਸਾਸ਼ਤ੍ਰ, ਭੇਖ	Khatt Dharasan Varathai Varathaaraa ||	The six systems of philosophy are pervasive,	(ਜਗਤ ਵਿਚ ਵੇਦਾਂਤ ਆਦਿਕ) ਛੇ ਸ਼ਾਸਤ੍ਰਾਂ (ਦੀ ਵਿਕਾਰ) ਦਾ ਰਿਵਾਜ ਚੱਲ ਰਿਹਾ ਹੈ,

16528	361	ਗੁਰ ਕਾ ਦਰਸਨੁ ਅਗਮ ਅਪਾਰਾ॥੧॥		Gur Kaa Dharasan Agam Apaaraa ||1||	But the Guru's system is profound and unequalled. ||1||	ਪਰ ਗੁਰੂ ਦਾ (ਦਿੱਤਾ ਹੋਇਆ) ਸ਼ਾਸਤ੍ਰ (ਇਹਨਾਂ ਛੇ ਸ਼ਾਸਤ੍ਰਾਂ ਦੀ) ਪਹੁੰਚ ਤੋਂ ਪਰੇ ਹੈ (ਇਹ ਛੇ ਸ਼ਾਸਤ੍ਰ ਗੁਰੂ ਦੇ ਸ਼ਾਸਤ੍ਰ ਦਾ) ਅੰਤ ਨਹੀਂ ਪਾ ਸਕਦੇ ॥੧॥
16529	361	ਗੁਰ ਕੈ ਦਰਸਨਿ ਮੁਕਤਿ ਗਤਿ ਹੋਇ॥		Gur Kai Dharasan Mukath Gath Hoe ||	The Guru's system is the way to liberation.	ਗੁਰੂ ਦੇ (ਦਿੱਤੇ ਹੋਏ) ਸ਼ਾਸਤ੍ਰ ਦੀ ਰਾਹੀਂ ਵਿਕਾਰਾਂ ਤੋਂ ਖ਼ਲਾਸੀ ਹੋ ਜਾਂਦੀ ਹੈ,
16530	361	ਸਾਚਾ ਆਪਿ ਵਸੈ ਮਨਿ ਸੋਇ॥੧॥ਰਹਾਉ॥		Saachaa Aap Vasai Man Soe ||1|| Rehaao ||	The True Lord Himself comes to dwell in the mind. ||1||Pause||	ਉਹ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪ ਮਨ ਵਿਚ ਆ ਵੱਸਦਾ ਹੈ ॥੧॥ ਰਹਾਉ ॥
16531	361	ਗੁਰ ਦਰਸਨਿ ਉਧਰੈ ਸੰਸਾਰਾ॥		Gur Dharasan Oudhharai Sansaaraa ||	Through the Guru's system, the world is saved,	ਜਗਤ ਗੁਰੂ ਦੇ ਸ਼ਾਸਤ੍ਰ ਦੀ ਬਰਕਤਿ ਨਾਲ (ਵਿਕਾਰਾਂ ਤੋਂ) ਬਚ ਜਾਂਦਾ ਹੈ।
16532	361	ਜੇ ਕੋ ਲਾਏ ਭਾਉ ਪਿਆਰਾ॥		Jae Ko Laaeae Bhaao Piaaraa ||	If it is embraced with love and affection.	(ਪਰ ਤਾਂ) ਜੇ ਕੋਈ ਮਨੁੱਖ (ਗੁਰੂ ਦੇ ਸ਼ਾਸਤ੍ਰ ਵਿਚ) ਪ੍ਰੇਮ-ਪਿਆਰ ਜੋੜੇ।
16533	361	ਭਾਉ ਪਿਆਰਾ ਲਾਏ ਵਿਰਲਾ ਕੋਇ॥		Bhaao Piaaraa Laaeae Viralaa Koe ||	How rare is that person who truly loves the Guru's Way.	ਪਰ ਕੋਈ ਵਿਰਲਾ ਮਨੁੱਖ ਹੀ (ਗੁਰੂ ਦੇ ਸ਼ਾਸਤ੍ਰ ਵਿਚ) ਪ੍ਰੇਮ-ਪਿਆਰ ਪੈਦਾ ਕਰਦਾ ਹੈ।

16534	361	ਗੁਰ ਕੈ ਦਰਸਨਿ ਸਦਾ ਸੁਖੁ ਹੋਇ॥੨॥		Gur Kai Dharasan Sadhaa Sukh Hoe ||2||	Through the Guru's system, everlasting peace is obtained. ||2||	(ਹੇ ਭਾਈ!) ਗੁਰੂ ਦੇ ਸ਼ਾਸਤ੍ਰ ਵਿਚ (ਚਿੱਤ ਜੋੜਿਆਂ) ਸਦਾ ਆਤਮਕ ਆਨੰਦ ਮਿਲਦਾ ਹੈ ॥੨॥
16535	361	ਗੁਰ ਕੈ ਦਰਸਨਿ ਮੋਖ ਦੁਆਰੁ॥	(ਦੂਜਾ ਪਾਠ: ਮੋਖਦੁਆਰੁ)	Gur Kai Dharasan Mokh Dhuaar ||	Through the Guru's system, the Door of Salvation is obtained.	ਗੁਰੂ ਦੇ ਸ਼ਾਸਤ੍ਰ ਵਿਚ (ਸੁਰਤਿ ਟਿਕਾਇਆਂ) ਵਿਕਾਰਾਂ ਤੋਂ ਖ਼ਲਾਸੀ ਪਾਣ ਵਾਲਾ ਰਾਹ ਲੱਭ ਪੈਂਦਾ ਹੈ।
16536	361	ਸਤਿਗੁਰੁ ਸੇਵੈ ਪਰਵਾਰ ਸਾਧਾਰੁ॥		Sathigur Saevai Paravaar Saadhhaar ||	Serving the True Guru, one's family is saved.	ਜੇਹੜਾ ਮਨੁੱਖ ਸਤਿਗੁਰੂ ਦੀ ਸਰਨ ਪੈਂਦਾ ਹੈ ਉਹ ਆਪਣੇ ਪਰਵਾਰ ਵਾਸਤੇ ਭੀ (ਵਿਕਾਰਾਂ ਤੋਂ ਬਚਣ ਲਈ) ਸਹਾਰਾ ਬਣ ਜਾਂਦਾ ਹੈ।
16537	361	ਨਿਗੁਰੇ ਕਉ ਗਤਿ ਕਾਈ ਨਾਹੀ॥	ਨਿਗੁਰੇ	Nigurae Ko Gath Kaaee Naahee ||	There is no salvation for those who have no Guru.	ਜੇਹੜਾ ਮਨੁੱਖ ਗੁਰੂ ਦੀ ਸਰਨ ਨਹੀਂ ਪੈਂਦਾ, ਉਸ ਨੂੰ ਕੋਈ ਉੱਚੀ ਆਤਮਕ ਅਵਸਥਾ ਪ੍ਰਾਪਤ ਨਹੀਂ ਹੁੰਦੀ।
16538	361	ਅਵਗਣਿ ਮੁਠੇ ਚੋਟਾ ਖਾਹੀ॥੩॥		Avagan Muthae Chottaa Khaahee ||3||	Beguiled by worthless sins, they are struck down. ||3||	(ਹੇ ਭਾਈ!) ਜਿਹੜੇ ਮਨੁੱਖ ਪਾਪ (-ਕਰਮ) ਵਿਚ (ਫਸ ਕੇ ਆਤਮਕ ਜੀਵਨ ਵਲੋਂ) ਲੁੱਟੇ ਜਾ ਰਹੇ ਹਨ, ਉਹ (ਜੀਵਨ-ਸਫ਼ਰ ਵਿਚ) (ਵਿਕਾਰਾਂ ਦੀਆਂ) ਸੱਟਾਂ ਖਾਂਦੇ ਹਨ ॥੩॥
16539	361	ਗੁਰ ਕੈ ਸਬਦਿ ਸੁਖੁ ਸਾਂਤਿ ਸਰੀਰ॥		Gur Kai Sabadh Sukh Saanth Sareer ||	Through the Word of the Guru's Shabad, the body finds peace and tranquility.	(ਹੇ ਭਾਈ!) ਗੁਰੂ ਦੇ ਸ਼ਬਦ ਵਿਚ ਜੁੜਿਆਂ (ਮਨੁੱਖ ਦੇ) ਸਰੀਰ ਨੂੰ ਸੁਖ ਮਿਲਦਾ ਹੈ ਸ਼ਾਂਤੀ ਮਿਲਦੀ ਹੈ,

16540	361	ਗੁਰਮੁਖਿ ਤਾ ਕਉ ਲਗੈ ਨ ਪੀਰ॥		Guramukh Thaa Ko Lagai N Peer ||	The Gurmukh is not afflicted by pain.	ਗੁਰੂ ਦੀ ਸਰਨ ਪੈਣ ਕਰਕੇ ਉਸ ਨੂੰ ਕੋਈ ਦੁੱਖ ਪੋਹ ਨਹੀਂ ਸਕਦਾ।
16541	361	ਜਮਕਾਲੁ ਤਿਸੁ ਨੇੜਿ ਨ ਆਵੈ॥		Jamakaal This Naerr N Aavai ||	The Messenger of Death does not come near him.	ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਆਤਮਕ ਮੌਤ ਉਸ ਦੇ ਨੇੜੇ ਨਹੀਂ ਢੁੱਕ ਸਕਦੀ।
16542	361	ਨਾਨਕ ਗੁਰਮੁਖਿ ਸਾਚਿ ਸਮਾਵੈ॥੪॥੧॥੪੦॥		Naanak Guramukh Saach Samaavai ||4||1||40||	O Nanak, the Gurmukh is absorbed in the True Lord. ||4||1||40||	ਹੇ ਨਾਨਕ! ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਹੋਇਆ ਰਹਿੰਦਾ ਹੈ ॥੪॥੧॥੪੦॥
16543	361	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
16544	361	ਸਬਦਿ ਮੁਆ ਵਿਚਹੁ ਆਪੁ ਗਵਾਇ॥		Sabadh Muaa Vichahu Aap Gavaae ||	One who dies in the Word of the Shabad, eradicates his self-conceit from within.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ (ਮਾਇਆ ਦੇ ਮੋਹ ਵਲੋਂ) ਨਿਰਲੇਪ ਹੋ ਜਾਂਦਾ ਹੈ ਉਹ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲੈਂਦਾ ਹੈ।
16545	361	ਸਤਿਗੁਰੁ ਸੇਵੇ ਤਿਲੁ ਨ ਤਮਾਇ॥	(ਤਮਾਇ) ਲਾਲਚ	Sathigur Saevae Thil N Thamaae ||	He serves the True Guru, with no iota of self-interest.	ਜੇਹੜਾ ਮਨੁੱਖ ਸਤਿਗੁਰੂ ਦੀ ਸਰਨ ਪੈਂਦਾ ਹੈ ਉਸ ਨੂੰ (ਮਾਇਆ ਦਾ) ਰਤਾ ਭਰ ਭੀ ਲਾਲਚ ਨਹੀਂ ਰਹਿੰਦਾ।
16546	361	ਨਿਰਭਉ ਦਾਤਾ ਸਦਾ ਮਨਿ ਹੋਇ॥		Nirabho Dhaathaa Sadhaa Man Hoe ||	The Fearless Lord, the Great Giver, ever abides in his mind.	ਉਸ ਮਨੁੱਖ ਦੇ ਮਨ ਵਿਚ ਉਹ ਦਾਤਾਰ ਸਦਾ ਵੱਸਿਆ ਰਹਿੰਦਾ ਹੈ ਜਿਸ ਨੂੰ ਕਿਸੇ ਤੋਂ ਕੋਈ ਡਰ ਨਹੀਂ।

16547	361	ਸਚੀ ਬਾਣੀ ਪਾਏ ਭਾਗਿ ਕੋਇ॥੧॥		Sachee Baanee Paaeae Bhaag Koe ||1||	The True Bani of the Word is obtained only by good destiny. ||1||	ਪਰ ਕੋਈ ਵਿਰਲਾ ਮਨੁੱਖ ਹੀ ਚੰਗੀ ਕਿਸਮਤਿ ਨਾਲ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ ਉਸ ਨੂੰ ਮਿਲ ਸਕਦਾ ਹੈ ॥੧॥
16548	361	ਗੁਣ ਸੰਗ੍ਰਹੁ ਵਿਚਹੁ ਅਉਗੁਣ ਜਾਹਿ॥		Gun Sangrahu Vichahu Aougun Jaahi ||	So gather merits, and let your demerits depart from within you.	(ਹੇ ਭਾਈ! ਆਪਣੇ ਅੰਦਰ ਪਰਮਾਤਮਾ ਦੇ) ਗੁਣ ਇਕੱਠੇ ਕਰੋ (ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਰਹੋ, ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ) ਮਨ ਵਿਚੋਂ ਵਿਕਾਰ ਦੂਰ ਹੋ ਜਾਂਦੇ ਹਨ।
16549	361	ਪੂਰੇ ਗੁਰ ਕੈ ਸਬਦਿ ਸਮਾਹਿ॥੧॥ਰਹਾਉ॥		Poorae Gur Kai Sabadh Samaahi ||1|| Rehaao ||	You shall be absorbed into the Shabad, the Word of the Perfect Guru. ||1||Pause||	ਪੂਰੇ ਗੁਰੂ ਦੇ ਸ਼ਬਦ ਦੀ ਰਾਹੀਂ (ਸਿਫ਼ਤਿ-ਸਾਲਾਹ ਕਰ ਕੇ ਤੂੰ ਗੁਣਾਂ ਦੇ ਮਾਲਕ ਪ੍ਰਭੂ ਵਿਚ) ਟਿਕਿਆ ਰਹੇਂਗਾ ॥੧॥ ਰਹਾਉ ॥
16550	361	ਗੁਣਾ ਕਾ ਗਾਹਕੁ ਹੋਵੈ ਸੋ ਗੁਣ ਜਾਣੈ॥		Gunaa Kaa Gaahak Hovai So Gun Jaanai ||	One who purchases merits, knows the value of these merits.	ਜੇਹੜਾ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਸੌਦਾ ਵਿਹਾਝਦਾ ਹੈ ਉਹ ਉਸ ਸਿਫ਼ਤਿ-ਸਾਲਾਹ ਦੀ ਕਦਰ ਸਮਝਦਾ ਹੈ;
16551	361	ਅੰਮ੍ਰਿਤ ਸਬਦਿ ਨਾਮੁ ਵਖਾਣੈ॥		Anmrith Sabadh Naam Vakhaanai ||	He chants the Ambrosial Nectar of the Word, and the Name of the Lord.	ਉਹ ਮਨੁੱਖ ਆਤਮਕ ਜੀਵਨ ਦੇਣ ਵਾਲੇ ਗੁਰ-ਸ਼ਬਦ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ।

16552	361	ਸਾਚੀ ਬਾਣੀ ਸੂਚਾ ਹੋਇ॥		Saachee Baanee Soochaa Hoe ||	Through the True Bani of the Word, he becomes pure.	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਬਰਕਤਿ ਨਾਲ ਉਹ ਮਨੁੱਖ ਪਵਿਤ੍ਰ ਜੀਵਨ ਵਾਲਾ ਹੋ ਜਾਂਦਾ ਹੈ।
16553	361	ਗੁਣ ਤੇ ਨਾਮੁ ਪਰਾਪਤਿ ਹੋਇ॥੨॥		Gun Thae Naam Paraapath Hoe ||2||	Through merit, the Name is obtained. ||2||	ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਉਸ ਨੂੰ ਪਰਮਾਤਮਾ ਦੇ ਨਾਮ ਦਾ ਸੌਦਾ ਮਿਲ ਜਾਂਦਾ ਹੈ ॥੨॥
16554	361	ਗੁਣ ਅਮੋਲਕ ਪਾਏ ਨ ਜਾਹਿ॥		Gun Amolak Paaeae N Jaahi ||	The invaluable merits cannot be acquired.	ਪਰਮਾਤਮਾ ਦੇ ਗੁਣਾਂ ਦਾ ਮੁੱਲ ਨਹੀਂ ਪੈ ਸਕਦਾ, ਕਿਸੇ ਭੀ ਕੀਮਤਿ ਤੋਂ ਮਿਲ ਨਹੀਂ ਸਕਦੇ,
16555	361	ਮਨਿ ਨਿਰਮਲ ਸਾਚੈ ਸਬਦਿ ਸਮਾਹਿ॥		Man Niramal Saachai Sabadh Samaahi ||	The pure mind is absorbed into the True Word of the Shabad.	(ਹਾਂ) ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਦੀ ਰਾਹੀਂ (ਇਹ ਗੁਣ) ਪਵਿਤ੍ਰ ਹੋਏ ਮਨ ਵਿਚ ਆ ਵੱਸਦੇ ਹਨ।
16556	361	ਸੇ ਵਡਭਾਗੀ ਜਿਨ੍ਹਿ ਨਾਮੁ ਧਿਆਇਆ॥		Sae Vaddabhaagee Jinh Naam Dhhiaaeiaa ||	How very fortunate are those who meditate on the Naam,	(ਹੇ ਭਾਈ!) ਉਹ ਵੱਡੇ ਭਾਗਾਂ ਵਾਲੇ ਹਨ ਜਿਨ੍ਹਾਂ ਬੰਦਿਆਂ ਨੇ ਪਰਮਾਤਮਾ ਦਾ ਨਾਮ ਸਿਮਰਿਆ ਹੈ
16557	361	ਸਦਾ ਗੁਣਦਾਤਾ ਮੰਨਿ ਵਸਾਇਆ॥੩॥		Sadhaa Gunadhaathaa Mann Vasaaeiaa ||3||	And ever enshrine in their minds the Lord, the Giver of merit. ||3||	ਅਤੇ ਆਪਣੇ ਗੁਣਾਂ ਦੀ ਦਾਤਿ ਦੇਣ ਵਾਲਾ ਪ੍ਰਭੂ ਆਪਣੇ ਮਨ ਵਿਚ ਵਸਾਇਆ ਹੈ ॥੩॥

16558	361	ਜੋ ਗੁਣ ਸੰਗ੍ਰਹੈ ਤਿਨ੍ ਬਲਿਹਾਰੈ ਜਾਉ॥		Jo Gun Sangrehai Thinh Balihaarai Jaao ||	I am a sacrifice to those who gather merits.	(ਹੇ ਭਾਈ!) ਜੇਹੜਾ ਜੇਹੜਾ ਮਨੁੱਖ ਪਰਮਾਤਮਾ ਦੇ ਗੁਣ (ਆਪਣੇ ਅੰਦਰ) ਇਕੱਠੇ ਕਰਦਾ ਹੈ, ਮੈਂ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ।
16559	361	ਦਰਿ ਸਾਚੈ ਸਾਚੇ ਗੁਣ ਗਾਉ॥		Dhar Saachai Saachae Gun Gaao ||	At the Gate of Truth, I sing the Glorious Praises of the True One.	(ਉਹਨਾਂ ਦੀ ਸੰਗਤਿ ਦੀ ਬਰਕਤਿ ਨਾਲ) ਮੈਂ ਸਦਾ-ਥਿਰ ਪ੍ਰਭੂ ਦੇ ਦਰ ਤੇ (ਟਿਕ ਕੇ) ਉਸ ਸਦਾ ਕਾਇਮ ਰਹਿਣ ਵਾਲੇ ਦੇ ਗੁਣ ਗਾਂਦਾ ਹਾਂ।
16560	361	ਆਪੇ ਦੇਵੈ ਸਹਜਿ ਸੁਭਾਇ॥		Aapae Dhaevai Sehaj Subhaae ||	He Himself spontaneously bestows His gifts.	(ਗੁਣਾਂ ਦੀ ਦਾਤਿ ਜਿਸ ਮਨੁੱਖ ਨੂੰ) ਪ੍ਰਭੂ ਆਪ ਹੀ ਦੇਂਦਾ ਹੈ (ਉਹ ਮਨੁੱਖ) ਆਤਮਕ ਅਡੋਲਤਾ ਵਿਚ ਟਿਕਦਾ ਹੈ ਪ੍ਰੇਮ ਵਿਚ ਜੁੜਿਆ ਰਹਿੰਦਾ ਹੈ।
16561	361	ਨਾਨਕ ਕੀਮਤਿ ਕਹਣੁ ਨ ਜਾਇ॥੪॥੨॥੪੧॥		Naanak Keemath Kehan N Jaae ||4||2||41||	O Nanak, the value of the Lord cannot be described. ||4||2||41||	ਹੇ ਨਾਨਕ! (ਉਸ ਦੇ ਉੱਚੇ ਜੀਵਨ ਦਾ) ਮੁੱਲ ਨਹੀਂ ਦੱਸਿਆ ਜਾ ਸਕਦਾ ॥੪॥੨॥੪੧॥
16562	361	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
16563	361	ਸਤਿਗੁਰ ਵਿਚਿ ਵਡੀ ਵਡਿਆਈ॥		Sathigur Vich Vaddee Vaddiaaee ||	Great is the greatness of the True Guru;	(ਹੇ ਭਾਈ!) ਸਤਿਗੁਰੂ ਵਿਚ ਇਹ ਵੱਡਾ ਭਾਰਾ ਗੁਣ ਹੈ,

16564	361	ਚਿਰੀ ਵਿਛੁੰਨੇ ਮੇਲਿ ਮਿਲਾਈ॥	(ਵਿਛੁੰਨੇ) ਵਿਛੁੜੇ	Chiree Vishhunnae Mael Milaaee ||	He merges in His Merger, those who have been separated for so long.	ਕਿ ਉਹ ਅਨੇਕਾਂ ਜਨਮਾਂ ਦੇ ਵਿਛੁੜੇ ਹੋਏ ਜੀਵਾਂ ਨੂੰ ਪਰਮਾਤਮਾ ਦੇ ਚਰਨਾਂ ਵਿਚ ਜੋੜ ਦੇਂਦਾ ਹੈ।
16565	361	ਆਪੇ ਮੇਲੇ ਮੇਲਿ ਮਿਲਾਏ॥		Aapae Maelae Mael Milaaeae ||	He Himself merges the merged in His Merger.	ਪ੍ਰਭੂ ਆਪ ਹੀ (ਗੁਰੂ) ਮਿਲਾਂਦਾ ਹੈ, ਗੁਰੂ ਮਿਲਾ ਕੇ ਆਪਣੇ ਚਰਨਾਂ ਵਿਚ ਜੋੜਦਾ ਹੈ,
16566	361	ਆਪਣੀ ਕੀਮਤਿ ਆਪੇ ਪਾਏ॥੧॥		Aapanee Keemath Aapae Paaeae ||1||	He Himself knows His own worth. ||1||	ਤੇ (ਇਸ ਤਰ੍ਹਾਂ ਜੀਵਾਂ ਦੇ ਹਿਰਦੇ ਵਿਚ) ਆਪਣੇ ਨਾਮ ਦੀ ਕਦਰ ਆਪ ਹੀ ਪੈਦਾ ਕਰਦਾ ਹੈ ॥੧॥
16567	361	ਹਰਿ ਕੀ ਕੀਮਤਿ ਕਿਨ ਬਿਧਿ ਹੋਇ॥		Har Kee Keemath Kin Bidhh Hoe ||	How can anyone appraise the Lord's worth?	(ਹੇ ਭਾਈ!) ਕਿਸ ਤਰੀਕੇ ਨਾਲ (ਮਨੁੱਖ ਦੇ ਮਨ ਵਿਚ) ਪਰਮਾਤਮਾ (ਦੇ ਨਾਮ) ਦੀ ਕਦਰ ਪੈਦਾ ਹੋਵੇ?
16568	361	ਹਰਿ ਅਪਰੰਪਰੁ ਅਗਮ ਅਗੋਚਰੁ ਗੁਰ ਕੈ ਸਬਦਿ ਮਿਲੈ ਜਨੁ ਕੋਇ॥੧॥ਰਹਾਉ॥	ਅਪ-ਰੰਪਰੁ	Har Aparanpar Agam Agochar Gur Kai Sabadh Milai Jan Koe ||1|| Rehaao ||	Through the Word of the Guru's Shabad, one may merge with the Infinite, Unapproachable and Incomprehensible Lord. ||1||Pause||	ਪਰਮਾਤਮਾ ਪਰੇ ਤੋਂ ਪਰੇ ਹੈ, ਪਰਮਾਤਮਾ ਅਪਹੁੰਚ ਹੈ, ਪਰਮਾਤਮਾ ਤਕ ਗਿਆਨ-ਇੰਦ੍ਰਿਆਂ ਦੀ ਰਾਹੀਂ ਪਹੁੰਚ ਨਹੀਂ ਹੋ ਸਕਦੀ। (ਬੱਸ!) ਗੁਰੂ ਦੇ ਸ਼ਬਦ ਦੀ ਰਾਹੀਂ (ਹੀ) ਕੋਈ ਵਿਰਲਾ ਮਨੁੱਖ ਪ੍ਰਭੂ ਨੂੰ ਮਿਲਦਾ ਹੈ (ਤੇ ਉਸ ਦੇ ਅੰਦਰ ਪ੍ਰਭੂ ਦੇ ਨਾਮ ਦੀ ਕਦਰ ਪੈਦਾ ਹੁੰਦੀ ਹੈ) ॥੧॥ ਰਹਾਉ ॥
16569	361	ਗੁਰਮੁਖਿ ਕੀਮਤਿ ਜਾਣੈ ਕੋਇ॥		Guramukh Keemath Jaanai Koe ||	Few are the Gurmukhs who know His worth.	ਕੋਈ ਵਿਰਲਾ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਦੀ ਕਦਰ ਸਮਝਦਾ ਹੈ।

16570	361	ਵਿਰਲੇ ਕਰਮਿ ਪਰਾਪਤਿ ਹੋਇ॥		Viralae Karam Paraapath Hoe ||	How rare are those who receive the Lord's Grace.	ਕਿਸੇ ਵਿਰਲੇ ਨੂੰ ਪਰਮਾਤਮਾ ਦੀ ਮੇਹਰ ਨਾਲ (ਪਰਮਾਤਮਾ ਦਾ ਨਾਮ) ਮਿਲਦਾ ਹੈ।
16571	361	ਊਚੀ ਬਾਣੀ ਊਚਾ ਹੋਇ॥		Oochee Baanee Oochaa Hoe ||	Through the Sublime Bani of His Word, one becomes sublime.	ਸਭ ਤੋਂ ਉੱਚੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਬਰਕਤਿ ਨਾਲ ਮਨੁੱਖ ਉੱਚੇ ਜੀਵਨ ਵਾਲਾ ਬਣ ਜਾਂਦਾ ਹੈ।
16572	361	ਗੁਰਮੁਖਿ ਸਬਦਿ ਵਖਾਣੈ ਕੋਇ॥੨॥		Guramukh Sabadh Vakhaanai Koe ||2||	The Gurmukh chants the Word of the Shabad. ||2||	ਕੋਈ (ਵਿਰਲਾ ਭਾਗਾਂ ਵਾਲਾ ਮਨੁੱਖ) ਗੁਰੂ ਦੀ ਸਰਨ ਪੈ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰਦਾ ਹੈ ॥੨॥
16573	361	ਵਿਣੁ ਨਾਵੈ ਦੁਖੁ ਦਰਦੁ ਸਰੀਰਿ॥		Vin Naavai Dhukh Dharadh Sareer ||	Without the Name, the body suffers in pain;	ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਮਨੁੱਖ ਦੇ ਸਰੀਰ ਵਿਚ (ਵਿਕਾਰਾਂ ਦਾ) ਦੁੱਖ ਰੋਗ ਪੈਦਾ ਹੋਇਆ ਰਹਿੰਦਾ ਹੈ,
16574	361	ਸਤਿਗੁਰੁ ਭੇਟੇ ਤਾ ਉਤਰੈ ਪੀਰ॥		Sathigur Bhaettae Thaa Outharai Peer ||	But when one meets the True Guru, then that pain is removed.	ਜਦੋਂ ਮਨੁੱਖ ਨੂੰ ਗੁਰੂ ਮਿਲਦਾ ਹੈ, ਤਦੋਂ ਉਸ ਦਾ ਇਹ ਦੁੱਖ ਦੂਰ ਹੋ ਜਾਂਦਾ ਹੈ।
16575	361	ਬਿਨੁ ਗੁਰ ਭੇਟੇ ਦੁਖੁ ਕਮਾਇ॥		Bin Gur Bhaettae Dhukh Kamaae ||	Without meeting the Guru, the mortal earns only pain.	ਗੁਰੂ ਨੂੰ ਮਿਲਣ ਤੋਂ ਬਿਨਾ ਮਨੁੱਖ ਉਹੀ ਕਰਮ ਕਮਾਂਦਾ ਹੈ ਜੋ ਦੁੱਖ ਪੈਦਾ ਕਰਨ,
16576	361	ਮਨਮੁਖਿ ਬਹੁਤੀ ਮਿਲੈ ਸਜਾਇ॥੩॥		Manamukh Bahuthee Milai Sajaae ||3||	The self-willed manmukh receives only more punishment. ||3||	(ਇਸ ਤਰ੍ਹਾਂ) ਆਪਣੇ ਮਨ ਦੇ ਪਿਛੇ ਤੁਰਨ ਵਾਲੇ ਮਨੁੱਖ ਨੂੰ ਸਦਾ ਬਹੁਤ ਸਜ਼ਾ ਮਿਲਦੀ ਰਹਿੰਦੀ ਹੈ ॥੩॥

16577	361	ਹਰਿ ਕਾ ਨਾਮੁ ਮੀਠਾ ਅਤਿ ਰਸੁ ਹੋਇ॥		Har Kaa Naam Meethaa Ath Ras Hoe ||	The essence of the Lord's Name is so very sweet;	(ਹੇ ਭਾਈ!) ਪਰਮਾਤਮਾ ਦਾ ਨਾਮ (ਇਕ ਐਸਾ ਅੰਮ੍ਰਿਤ ਹੈ ਜੋ) ਮਿੱਠਾ ਹੈ, ਬੜੇ ਰਸ ਵਾਲਾ ਹੈ।
16578	361	ਪੀਵਤ ਰਹੈ ਪੀਆਏ ਸੋਇ॥		Peevath Rehai Peeaaeae Soe ||	He alone drinks it, whom the Lord causes to drink it.	ਪਰ ਉਹੀ ਮਨੁੱਖ ਇਹ ਨਾਮ-ਰਸ ਪੀਂਦਾ ਰਹਿੰਦਾ ਹੈ, ਜਿਸ ਨੂੰ ਉਹ ਪਰਮਾਤਮਾ ਆਪ ਪਿਲਾਏ।
16579	361	ਗੁਰ ਕਿਰਪਾ ਤੇ ਹਰਿ ਰਸੁ ਪਾਏ॥		Gur Kirapaa Thae Har Ras Paaeae ||	By Guru's Grace, the essence of the Lord is obtained.	ਗੁਰੂ ਦੀ ਕਿਰਪਾ ਨਾਲ ਹੀ ਮਨੁੱਖ ਪਰਮਾਤਮਾ ਦੇ ਨਾਮ-ਜਲ ਦਾ ਆਨੰਦ ਮਾਣਦਾ ਹੈ।
16580	361	ਨਾਨਕ ਨਾਮਿ ਰਤੇ ਗਤਿ ਪਾਏ॥੪॥੩॥੪੨॥		Naanak Naam Rathae Gath Paaeae ||4||3||42||	O Nanak, imbued with the Naam, the Name of the Lord, salvation is attained. ||4||3||42||	ਹੇ ਨਾਨਕ! ਨਾਮ-ਰੰਗਿ ਵਿਚ ਰੰਗੀਜ ਕੇ ਮਨੁੱਖ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ ॥੪॥੩॥੪੨॥
16581	361	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
16582	361	ਮੇਰਾ ਪ੍ਰਭੁ ਸਾਚਾ ਗਹਿਰ ਗੰਭੀਰ॥		Maeraa Prabh Saachaa Gehir Ganbheer ||	My God is True, deep and profound.	(ਹੇ ਭਾਈ!) ਪਿਆਰਾ ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਡੂੰਘਾ ਹੈ ਤੇ ਵੱਡੇ ਜਿਗਰੇ ਵਾਲਾ ਹੈ।
16583	361	ਸੇਵਤ ਹੀ ਸੁਖੁ ਸਾਂਤਿ ਸਰੀਰ॥		Saevath Hee Sukh Saanth Sareer ||	Serving Him, the body acquires peace and tranquility.	ਉਸ ਦਾ ਸਿਮਰਨ ਕੀਤਿਆਂ ਸਰੀਰ ਨੂੰ ਸੁਖ ਮਿਲਦਾ ਹੈ, ਸ਼ਾਂਤੀ ਮਿਲਦੀ ਹੈ।

16584	361	ਸਬਦਿ ਤਰੇ ਜਨ ਸਹਜਿ ਸੁਭਾਇ॥		Sabadh Tharae Jan Sehaj Subhaae ||	Through the Word of the Shabad, His humble servants easily swim across.	(ਜੇਹੜੇ ਮਨੁੱਖ) ਗੁਰੂ ਦੀ ਰਾਹੀਂ (ਸਿਮਰਨ ਕਰਦੇ ਹਨ ਉਹ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ, ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ, ਉਹ ਪ੍ਰਭੂ-ਪ੍ਰੇਮ ਵਿਚ ਜੁੜੇ ਰਹਿੰਦੇ ਹਨ,
16585	361	ਤਿਨ ਕੈ ਹਮ ਸਦ ਲਾਗਹ ਪਾਇ॥੧॥		Thin Kai Ham Sadh Laageh Paae ||1||	I fall at their feet forever and ever. ||1||	ਅਸੀਂ (ਮੈਂ) ਸਦਾ ਉਹਨਾਂ ਦੀ ਚਰਨੀਂ ਲੱਗਦੇ (ਲੱਗਦਾ) ਹਾਂ ॥੧॥
16586	362	ਜੋ ਮਨਿ ਰਾਤੇ ਹਰਿ ਰੰਗੁ ਲਾਇ॥		Jo Man Raathae Har Rang Laae ||	Those being whose minds are imbued and drenched with the Lord's Love	(ਹੇ ਭਾਈ!) ਜੇਹੜੇ ਮਨੁੱਖ ਪਰਮਾਤਮਾ ਦਾ ਪ੍ਰੇਮ-ਰੰਗ ਵਰਤ ਵਰਤ ਕੇ ਆਪਣੇ ਮਨ ਵਿਚ (ਪ੍ਰੇਮ-ਰੰਗ ਨਾਲ) ਰੰਗੇ ਜਾਂਦੇ ਹਨ,
16587	362	ਤਿਨ ਕਾ ਜਨਮ ਮਰਣ ਦੁਖੁ ਲਾਥਾ ਤੇ ਹਰਿ ਦਰਗਹ ਮਿਲੇ ਸੁਭਾਇ॥੧॥ਰਹਾਉ॥		Thin Kaa Janam Maran Dhukh Laathhaa Thae Har Dharageh Milae Subhaae ||1|| Rehaao ||	- their pains of birth and death are taken away. They are automatically ushered into the Court of the Lord. ||1||Pause||	ਉਹਨਾਂ ਮਨੁੱਖਾਂ ਦਾ ਜਨਮ ਮਰਨ ਦੇ ਗੇੜ ਦਾ ਦੁੱਖ ਦੂਰ ਹੋ ਜਾਂਦਾ ਹੈ, ਪ੍ਰੇਮ ਦੀ ਬਰਕਤਿ ਨਾਲ ਉਹ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਟਿਕੇ ਰਹਿੰਦੇ ਹਨ ॥੧॥ ਰਹਾਉ ॥
16588	362	ਸਬਦੁ ਚਾਖੈ ਸਾਚਾ ਸਾਦੁ ਪਾਏ॥		Sabadh Chaakhai Saachaa Saadh Paaeae ||	One who has tasted the Shabad, obtains the true flavor.	(ਹੇ ਭਾਈ!) ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦਾ ਰਸ ਚੱਖਦਾ ਹੈ, ਉਹ ਸਦਾ ਕਾਇਮ ਰਹਿਣ ਵਾਲਾ (ਆਤਮਕ) ਆਨੰਦ ਮਾਣਦਾ ਹੈ,

16589	362	ਹਰਿ ਕਾ ਨਾਮੁ ਮੰਨਿ ਵਸਾਏ॥		Har Kaa Naam Mann Vasaaeae ||	The Name of the Lord abides within his mind.	(ਕਿਉਂਕਿ) ਉਹ ਪਰਮਾਤਮਾ ਦੇ ਨਾਮ ਨੂੰ (ਸਦਾ ਆਪਣੇ) ਮਨ ਵਿਚ ਵਸਾਈ ਰੱਖਦਾ ਹੈ।
16590	362	ਹਰਿ ਪ੍ਰਭੁ ਸਦਾ ਰਹਿਆ ਭਰਪੂਰਿ॥		Har Prabh Sadhaa Rehiaa Bharapoor ||	The Lord God is Eternal and All-pervading.	(ਉਸ ਨੂੰ ਫਿਰ ਪ੍ਰਤੱਖ ਇਉਂ ਦਿੱਸਦਾ ਹੈ ਕਿ) ਪਰਮਾਤਮਾ ਸਦਾ ਹਰ ਥਾਂ ਵਿਆਪ ਰਿਹਾ ਹੈ,
16591	362	ਆਪੇ ਨੇੜੈ ਆਪੇ ਦੂਰਿ॥੨॥		Aapae Naerrai Aapae Dhoor ||2||	He Himself is near, and He Himself is far away. ||2||	ਉਹ ਆਪ ਹੀ (ਹਰੇਕ ਜੀਵ ਦੇ) ਅੰਗ-ਸੰਗ ਹੈ ਤੇ ਆਪ ਹੀ ਦੂਰ (ਅਪਹੁੰਚ) ਭੀ ਹੈ ॥੨॥
16592	362	ਆਖਣਿ ਆਖੈ ਬਕੈ ਸਭੁ ਕੋਇ॥	ਬਕੈ: ਪੋਲਾ ਬੋਲੋ	Aakhan Aakhai Bakai Sabh Koe ||	Everyone talks and speaks through speech;	(ਹੇ ਭਾਈ!) ਰਿਵਾਜੀ ਤੌਰ ਤੇ ਹਰੇਕ ਮਨੁੱਖ ਆਖਦਾ ਹੈ, ਸੁਣਾਂਦਾ ਹੈ ਕਿ (ਪਰਮਾਤਮਾ) ਹਰੇਕ ਦੇ ਨੇੜੇ ਵੱਸਦਾ ਹੈ,
16593	362	ਆਪੇ ਬਖਸਿ ਮਿਲਾਏ ਸੋਇ॥		Aapae Bakhas Milaaeae Soe ||	The Lord Himself forgives, and unites us with Himself.	ਪਰ ਜਿਸ ਕਿਸੇ ਨੂੰ ਉਹ ਆਪਣੇ ਚਰਨਾਂ ਵਿਚ ਮਿਲਾਂਦਾ ਹੈ, ਉਹ ਆਪ ਹੀ ਮੇਹਰ ਕਰ ਕੇ ਮਿਲਾਂਦਾ ਹੈ।
16594	362	ਕਹਣੈ ਕਥਨਿ ਨ ਪਾਇਆ ਜਾਇ॥		Kehanai Kathhan N Paaeiaa Jaae ||	By merely speaking and talking, He is not obtained.	ਜ਼ਬਾਨੀ ਆਖਣ ਨਾਲ ਗੱਲਾਂ ਕਰਨ ਨਾਲ ਪਰਮਾਤਮਾ ਮਿਲਦਾ ਨਹੀਂ,
16595	362	ਗੁਰ ਪਰਸਾਦਿ ਵਸੈ ਮਨਿ ਆਇ॥੩॥		Gur Parasaadh Vasai Man Aae ||3||	By Guru's Grace, He comes to abide in the mind. ||3||	ਗੁਰੂ ਦੀ ਕਿਰਪਾ ਨਾਲ ਮਨ ਵਿਚ ਆ ਵੱਸਦਾ ਹੈ ॥੩॥
16596	362	ਗੁਰਮੁਖਿ ਵਿਚਹੁ ਆਪੁ ਗਵਾਇ॥		Guramukh Vichahu Aap Gavaae ||	The Gurmukh eradicates his self-conceit from within.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲੈਂਦਾ ਹੈ,

16597	362	ਹਰਿ ਰੰਗਿ ਰਾਤੇ ਮੋਹੁ ਚੁਕਾਇ॥		Har Rang Raathae Mohu Chukaae ||	He is imbued with the Lord's Love, having discarded worldly attachment.	ਤੇ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੀਜ ਕੇ (ਆਪਣੇ ਅੰਦਰੋਂ ਮਾਇਆ ਦਾ) ਮੋਹ ਮੁਕਾਂਦਾ ਹੈ।
16598	362	ਅਤਿ ਨਿਰਮਲੁ ਗੁਰ ਸਬਦ ਵੀਚਾਰ॥		Ath Niramal Gur Sabadh Veechaar ||	He contemplates the utterly Immaculate Word of the Guru's Shabad.	ਗੁਰੂ ਦੇ ਸ਼ਬਦ ਦੀ ਵਿਚਾਰ ਮਨੁੱਖ ਨੂੰ ਬਹੁਤ ਪਵਿਤ੍ਰ ਜੀਵਨ ਵਾਲਾ ਬਣਾ ਦੇਂਦੀ ਹੈ,
16599	362	ਨਾਨਕ ਨਾਮਿ ਸਵਾਰਣਹਾਰ॥੪॥੪॥੪੩॥		Naanak Naam Savaaranehaar ||4||4||43||	O Nanak, the Naam, the Name of the Lord, is our Salvation. ||4||4||43||	ਹੇ ਨਾਨਕ! ਪ੍ਰਭੂ-ਨਾਮ ਵਿਚ ਜੁੜ ਕੇ ਮਨੁੱਖ ਹੋਰਨਾਂ ਦਾ ਜੀਵਨ ਸੰਵਾਰਨ ਜੋਗਾ ਭੀ ਹੋ ਜਾਂਦਾ ਹੈ ॥੪॥੪॥੪੩॥
16600	362	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
16601	362	ਦੂਜੈ ਭਾਇ ਲਗੇ ਦੁਖੁ ਪਾਇਆ॥		Dhoojai Bhaae Lagae Dhukh Paaeiaa ||	Attached to the love of duality, one only incurs pain.	(ਜੇਹੜੇ ਮਨੁੱਖ ਪਰਮਾਤਮਾ ਨੂੰ ਛੱਡ ਕੇ) ਕਿਸੇ ਹੋਰ ਦੇ ਪਿਆਰ ਵਿਚ ਮੱਤੇ ਰਹਿੰਦੇ ਹਨ ਉਹਨਾਂ ਨੇ ਦੁੱਖ ਹੀ ਦੁੱਖ ਸਹੇੜਿਆ,
16602	362	ਬਿਨੁ ਸਬਦੈ ਬਿਰਥਾ ਜਨਮੁ ਗਵਾਇਆ॥		Bin Sabadhai Birathhaa Janam Gavaaeiaa ||	Without the Word of the Shabad, one's life is wasted away in vain.	ਗੁਰੂ ਦੇ ਸ਼ਬਦ ਤੋਂ ਵਾਂਜੇ ਰਹਿ ਕੇ ਉਹਨਾਂ ਆਪਣੀ ਜ਼ਿੰਦਗੀ ਵਿਅਰਥ ਗਵਾ ਲਈ।
16603	362	ਸਤਿਗੁਰੁ ਸੇਵੈ ਸੋਝੀ ਹੋਇ॥		Sathigur Saevai Sojhee Hoe ||	Serving the True Guru, understanding is obtained,	ਜੇਹੜਾ ਕੋਈ ਮਨੁੱਖ ਗੁਰੂ ਦੇ ਦੱਸੇ ਰਾਹ ਉਤੇ ਤੁਰਦਾ ਹੈ ਉਸ ਨੂੰ (ਸਹੀ ਜੀਵਨ ਦੀ) ਸਮਝ ਆ ਜਾਂਦੀ ਹੈ,

16604	362	ਦੂਜੈ ਭਾਇ ਨ ਲਾਗੈ ਕੋਇ॥੧॥		Dhoojai Bhaae N Laagai Koe ||1||	And then, one is not attached to the love of duality. ||1||	ਉਹ ਫਿਰ ਮਾਇਆ ਦੇ ਪਿਆਰ ਵਿਚ ਨਹੀਂ ਲੱਗਦਾ ॥੧॥
16605	362	ਮੂਲਿ ਲਾਗੇ ਸੇ ਜਨ ਪਰਵਾਣੁ॥		Mool Laagae Sae Jan Paravaan ||	Those who hold fast to their roots, become acceptable.	(ਹੇ ਭਾਈ! ਜੇਹੜੇ ਮਨੁੱਖ) ਜਗਤ ਦੇ ਰਚਨਹਾਰ ਪਰਮਾਤਮਾ (ਦੀ ਯਾਦ) ਵਿਚ ਜੁੜਦੇ ਹਨ, ਉਹ ਮਨੁੱਖ (ਪਰਮਾਤਮਾ ਦੀਆਂ ਨਜ਼ਰਾਂ ਵਿਚ) ਕਬੂਲ ਹੋ ਜਾਂਦੇ ਹਨ।
16606	362	ਅਨ ਦਿਨੁ ਰਾਮ ਨਾਮੁ ਜਪਿ ਹਿਰਦੈ ਗੁਰ ਸਬਦੀ ਹਰਿ ਏਕੋ ਜਾਣੁ॥੧॥ਰਹਾਉ॥		Anadhin Raam Naam Jap Hiradhai Gur Sabadhee Har Eaeko Jaan ||1|| Rehaao ||	Night and day, they meditate within their hearts on the Lord's Name; through the Word of the Guru's Shabad, they know the One Lord. ||1||Pause||	ਪਰਮਾਤਮਾ ਦਾ ਨਾਮ ਹਰ ਵੇਲੇ ਆਪਣੇ ਹਿਰਦੇ ਵਿਚ ਜਪ ਕੇ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮਨੁੱਖ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ ॥੧॥ ਰਹਾਉ ॥
16607	362	ਡਾਲੀ ਲਾਗੈ ਨਿਹਫਲੁ ਜਾਇ॥	ਡੱਾਲੀ। ਨਿਹਫਲੁ।	Ddaalee Laagai Nihafal Jaae ||	One who is attached to the branch, does not receive the fruits.	(ਜੇਹੜਾ ਮਨੁੱਖ ਜਗਤ ਦੇ ਮੂਲ-ਪ੍ਰਭੂ-ਰੁੱਖ ਨੂੰ ਛੱਡ ਕੇ ਉਸ ਦੀ ਰਚੀ ਮਾਇਆ-ਰੂਪ) ਟਹਣੀ ਨੂੰ ਚੰਬੜਿਆ ਰਹਿੰਦਾ ਹੈ ਉਹ ਅੱਫਲ ਹੀ ਜਾਂਦਾ ਹੈ (ਜੀਵਨ-ਫਲ ਪ੍ਰਾਪਤ ਨਹੀਂ ਕਰ ਸਕਦਾ।)
16608	362	ਅੰਧੀ ਕੰਮੀ ਅੰਧ ਸਜਾਇ॥		Andhhanaee Kanmee Andhh Sajaae ||	For blind actions, blind punishment is received.	ਬੇ-ਸਮਝੀ ਦੇ ਕੰਮਾਂ ਵਿਚ ਪੈ ਕੇ-

16609	362	ਮਨਮੁਖੁ ਅੰਧਾ ਠਉਰ ਨ ਪਾਇ॥		Manamukh Andhhaa Thour N Paae ||	The blind, self-willed manmukh finds no place of rest.	(ਮਾਇਆ ਦੇ ਮੋਹ ਵਿਚ) ਅੰਨ੍ਹਾ ਹੋਇਆ ਮਨੁੱਖ (ਮਾਇਆ ਦੀ ਭਟਕਣਾ ਤੋਂ ਬਚਣ ਦਾ) ਟਿਕਾਣਾ ਨਹੀਂ ਲੱਭ ਸਕਦਾ।
16610	362	ਬਿਸਟਾ ਕਾ ਕੀੜਾ ਬਿਸਟਾ ਮਾਹਿ ਪਚਾਇ॥੨॥	(ਪਚਾਇ) ਸੜਦਾ	Bisattaa Kaa Keerraa Bisattaa Maahi Pachaae ||2||	He is a maggot in manure, and in manure he shall rot away. ||2||	(ਉਹ ਮਨੁੱਖ ਮਾਇਆ ਦੇ ਮੋਹ ਵਿਚ ਇਉਂ ਹੀ) ਖ਼ੁਆਰ ਹੁੰਦਾ ਹੈ (ਜਿਵੇਂ) ਗੰਦ ਦਾ ਕੀੜਾ ਗੰਦ ਵਿਚ ॥੨॥
16611	362	ਗੁਰ ਕੀ ਸੇਵਾ ਸਦਾ ਸੁਖੁ ਪਾਏ॥		Gur Kee Saevaa Sadhaa Sukh Paaeae ||	Serving the Guru, everlasting peace is obtained.	ਜੇਹੜਾ ਮਨੁੱਖ ਗੁਰੂ ਦੀ ਦੱਸੀ ਸੇਵਾ ਕਰਦਾ ਹੈ ਉਹ ਸਦਾ ਆਤਮਕ ਆਨੰਦ ਮਾਣਦਾ ਹੈ,
16612	362	ਸੰਤਸੰਗਤਿ ਮਿਲਿ ਹਰਿ ਗੁਣ ਗਾਏ॥		Santhasangath Mil Har Gun Gaaeae ||	Joining the True Congregation, the Sat Sangat, the Glorious Praises of the Lord are sung.	(ਕਿਉਂਕਿ) ਸਾਧ ਸੰਗਤਿ ਵਿਚ ਮਿਲ ਕੇ ਉਹ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ (ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ)।
16613	362	ਨਾਮੇ ਨਾਮਿ ਕਰੇ ਵੀਚਾਰੁ॥		Naamae Naam Karae Veechaar ||	One who contemplates the Naam, the Name of the Lord,	ਉਹ ਸਦਾ ਪਰਮਾਤਮਾ ਦੇ ਨਾਮ ਵਿਚ ਜੁੜ ਕੇ (ਪਰਮਾਤਮਾ ਦੇ ਗੁਣਾਂ ਦੀ) ਵਿਚਾਰ ਕਰਦਾ ਹੈ।
16614	362	ਆਪਿ ਤਰੈ ਕੁਲ ਉਧਰਣਹਾਰੁ॥੩॥	ਉ-ਧਰਣਹਾਰੁ	Aap Tharai Kul Oudhharanehaar ||3||	Saves himself, and his family as well. ||3||	(ਇਸ ਤਰ੍ਹਾਂ) ਉਹ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ ਤੇ ਆਪਣੀਆਂ ਕੁਲਾਂ ਨੂੰ ਪਾਰ ਲੰਘਾਣ ਜੋਗਾ ਹੋ ਜਾਂਦਾ ਹੈ ॥੩॥

16615	362	ਗੁਰ ਕੀ ਬਾਣੀ ਨਾਮਿ ਵਜਾਏ॥		Gur Kee Baanee Naam Vajaaeae ||	Through the Word of the Guru's Bani, the Naam resounds;	ਪਰਮਾਤਮਾ ਦੇ ਨਾਮ ਵਿਚ ਜੁੜ ਕੇ ਜੇਹੜਾ ਮਨੁੱਖ ਸਤਿਗੁਰੂ ਦੀ ਬਾਣੀ (ਦਾ ਵਾਜਾ) ਵਜਾਂਦਾ ਹੈ (ਆਪਣੇ ਅੰਦਰ ਗੁਰੂ ਦੀ ਬਾਣੀ ਦਾ ਪੂਰਨ ਪ੍ਰਭਾਵ ਪਾਈ ਰੱਖਦਾ ਹੈ),
16616	362	ਨਾਨਕ ਮਹਲੁ ਸਬਦਿ ਘਰੁ ਪਾਏ॥		Naanak Mehal Sabadh Ghar Paaeae ||	O Nanak, through the Word of the Shabad, one finds the Mansion of the Lord's Presence within the home of the heart.	ਹੇ ਨਾਨਕ! ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਮਨੁੱਖ ਪਰਮਾਤਮਾ ਦੇ ਚਰਨਾਂ ਵਿਚ ਘਰ ਮਹਲ ਹਾਸਲ ਕਰ ਲੈਂਦਾ ਹੈ।
16617	362	ਗੁਰਮਤਿ ਸਤ ਸਰਿ ਹਰਿ ਜਲਿ ਨਾਇਆ॥	ਸੱਤ। ਨ੍ਹਾਇਆ	Guramath Sath Sar Har Jal Naaeiaa ||	Under Guru's Instruction, bathe in the Pool of Truth, in the Water of the Lord;	ਗੁਰੂ ਦੀ ਮਤਿ ਲੈ ਕੇ ਜਿਸ ਮਨੁੱਖ ਨੇ ਸਤਸੰਗ-ਸਰੋਵਰ ਵਿਚ ਪਰਮਾਤਮਾ ਦੇ ਨਾਮ-ਜਲ ਨਾਲ ਇਸ਼ਨਾਨ ਕੀਤਾ,
16618	362	ਦੁਰਮਤਿ ਮੈਲੁ ਸਭੁ ਦੁਰਤੁ ਗਵਾਇਆ॥੪॥੫॥ ੪੪॥	(ਦੁਰਤੁ) ਪਾਪ	Dhuramath Mail Sabh Dhurath Gavaaeiaa ||4||5||44||	Thus the filth of evil-mindedness and sin shall all be washed away. ||4||5||44||	ਉਸ ਨੇ ਭੈੜੀ ਖੋਟੀ ਮਤਿ ਦੀ ਮੈਲ ਧੋ ਲਈ ਉਸ ਨੇ (ਆਪਣੇ ਅੰਦਰੋਂ) ਸਾਰਾ ਪਾਪ ਦੂਰ ਕਰ ਲਿਆ ॥੪॥੫॥੪੪॥
16619	362	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	

16620	362	ਮਨਮੁਖ ਮਰਹਿ ਮਰਿ ਮਰਣੁ ਵਿਗਾੜਹਿ॥	ਵਿਗਾੜ-ਹਿ	Manamukh Marehi Mar Maran Vigaarrehi ||	The self-willed manmukhs are dying; they are wasting away in death.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਆਤਮਕ ਮੌਤੇ) ਮਰਦੇ ਹਨ (ਇਸ ਤਰ੍ਹਾਂ) ਮਰ ਕੇ ਉਹ ਆਪਣੀ ਮੌਤ ਖ਼ਰਾਬ ਕਰਦੇ ਹਨ,
16621	362	ਦੂਜੈ ਭਾਇ ਆਤਮ ਸੰਘਾਰਹਿ॥	(ਸੰਘਾਰ-ਹਿ) ਨਾਸ ਕਰਦੇ	Dhoojai Bhaae Aatham Sanghaarehi ||	In the love of duality, they murder their own souls.	ਕਿਉਂਕਿ ਮਾਇਆ ਦੇ ਮੋਹ ਵਿਚ ਪੈ ਕੇ ਉਹ ਆਪਣਾ ਆਤਮਕ ਜੀਵਨ ਤਬਾਹ ਕਰ ਲੈਂਦੇ ਹਨ।
16622	362	ਮੇਰਾ ਮੇਰਾ ਕਰਿ ਕਰਿ ਵਿਗੂਤਾ॥	(ਵਿਗੂਤਾ) ਖੁਆਰ ਹੁੰਦਾ	Maeraa Maeraa Kar Kar Vigoothaa ||	Crying out, ""Mine, mine!"", they are ruined.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਇਹ ਧਨ) ਮੇਰਾ ਹੈ (ਇਹ ਪਰਵਾਰਾ) ਮੇਰਾ ਹੈ- ਨਿੱਤ ਇਹੀ ਆਖ ਆਖ ਕੇ ਖ਼ੁਆਰ ਹੁੰਦਾ ਰਹਿੰਦਾ ਹੈ,
16623	362	ਆਤਮੁ ਨ ਚੀਨੈ ਭਰਮੈ ਵਿਚਿ ਸੂਤਾ॥੧॥	ਸੁੱਤਾ	Aatham N Cheenhai Bharamai Vich Soothaa ||1||	They do not remember their souls; they are asleep in superstition. ||1||	ਕਦੇ ਆਪਣੇ ਆਤਮਕ ਜੀਵਨ ਨੂੰ ਨਹੀਂ ਪੜਤਾਲਦਾ, ਮਾਇਆ ਦੀ ਭਟਕਣਾ ਵਿਚ ਪੈ ਕੇ (ਆਤਮਕ ਜੀਵਨ) ਵਲੋਂ ਗ਼ਾਫ਼ਿਲ ਹੋਇਆ ਰਹਿੰਦਾ ਹੈ ॥੧॥
16624	362	ਮਰੁ ਮੁਇਆ ਸਬਦੇ ਮਰਿ ਜਾਇ॥		Mar Mueiaa Sabadhae Mar Jaae ||	He alone dies a real death, who dies in the Word of the Shabad.	ਉਹ ਮਨੁੱਖ (ਮਾਇਆ ਦੇ ਮੋਹ ਵਲੋਂ) ਸੁਰਖਰੂਈ ਮੌਤ ਮਰਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ (ਮੋਹ ਵਲੋਂ) ਅਛੋਹ ਰਹਿੰਦਾ ਹੈ,

16625	362	ਉਸਤਤਿ ਨਿੰਦਾ ਗੁਰਿ ਸਮ ਜਾਣਾਈ ਇਸੁ ਜੁਗ ਮਹਿ ਲਾਹਾ ਹਰਿ ਜਪਿ ਲੈ ਜਾਇ॥੧॥ਰਹਾਉ॥	ਜੁੱਗ	Ousathath Nindhaa Gur Sam Jaanaaee Eis Jug Mehi Laahaa Har Jap Lai Jaae ||1|| Rehaao ||	The Guru has inspired me to realize, that praise and slander are one and the same; in this world, the profit is obtained by chanting the Name of the Lord. ||1||Pause||	ਗੁਰੂ ਨੇ ਜਿਸ ਮਨੁੱਖ ਨੂੰ ਇਹ ਸੂਝ ਬਖ਼ਸ਼ ਦਿੱਤੀ ਹੈ, ਕਿ ਭਾਵੇਂ ਕੋਈ ਚੰਗਾ ਆਖੇ, ਕੋਈ ਮੰਦਾ ਆਖੇ, ਇਸ ਨੂੰ ਇਕੋ ਜਿਹਾ ਸਹਾਰਨਾ ਹੈ। ਉਹ ਮਨੁੱਖ ਇਸ ਜੀਵਨ ਵਿਚ ਪਰਮਾਤਮਾ ਦਾ ਨਾਮ ਜਪ ਕੇ (ਜਗਤ ਤੋਂ) ਖੱਟੀ ਖੱਟ ਕੇ ਜਾਂਦਾ ਹੈ ॥੧॥ ਰਹਾਉ ॥
16626	362	ਨਾਮ ਵਿਹੂਣ ਗਰਭ ਗਲਿ ਜਾਇ॥		Naam Vihoon Garabh Gal Jaae ||	Those who lack the Naam, the Name of the Lord, are dissolved within the womb.	ਨਾਮ ਤੋਂ ਵਾਂਜਿਆ ਰਹਿ ਕੇ ਮਨੁੱਖ ਜਨਮ ਮਰਨ ਦੇ ਗੇੜਾਂ ਵਿਚ ਆਤਮਕ ਜੀਵਨ ਨਾਸ ਕਰ ਲੈਂਦਾ ਹੈ,
16627	362	ਬਿਰਥਾ ਜਨਮੁ ਦੂਜੈ ਲੋਭਾਇ॥		Birathhaa Janam Dhoojai Lobhaae ||	Useless is the birth of those who are lured by duality.	ਉਹ ਸਦਾ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ (ਇਸ ਵਾਸਤੇ) ਉਸ ਦੀ ਜ਼ਿੰਦਗੀ ਵਿਅਰਥ ਚਲੀ ਜਾਂਦੀ ਹੈ।
16628	362	ਨਾਮ ਬਿਹੂਣੀ ਦੁਖਿ ਜਲੈ ਸਬਾਈ॥		Naam Bihoonee Dhukh Jalai Sabaaee ||	Without the Naam, all are burning in pain.	ਨਾਮ ਤੋਂ ਸੱਖਣੀ ਰਹਿ ਕੇ ਸਾਰੀ ਲੁਕਾਈ ਦੁੱਖ ਵਿਚ ਸੜਦੀ ਰਹਿੰਦੀ ਹੈ।
16629	362	ਸਤਿਗੁਰਿ ਪੂਰੈ ਬੂਝ ਬੁਝਾਈ॥੨॥	ਬੂੱਝ ਬੁੱਝਾਈ	Sathigur Poorai Boojh Bujhaaee ||2||	The Perfect True Guru has given me this understanding. ||2||	ਪਰ ਇਹ ਸਮਝ ਪੂਰੇ ਗੁਰੂ ਨੇ (ਕਿਸੇ ਵਿਰਲੇ ਨੂੰ) ਬਖ਼ਸ਼ੀ ਹੈ ॥੨॥

16630	362	ਮਨੁ ਚੰਚਲੁ ਬਹੁ ਚੋਟਾ ਖਾਇ॥		Man Chanchal Bahu Chottaa Khaae ||	The fickle mind is struck down so many times.	ਜਿਸ ਮਨੁੱਖ ਦਾ ਮਨ ਹਰ ਵੇਲੇ ਮਾਇਆ ਦੇ ਮੋਹ ਵਿਚ ਭਟਕਦਾ ਹੈ ਉਹ ਮੋਹ ਦੀਆਂ ਸੱਟਾਂ ਖਾਂਦਾ ਰਹਿੰਦਾ ਹੈ।
16631	362	ਏਥਹੁ ਛੁੜਕਿਆ ਠਉਰ ਨ ਪਾਇ॥		Eaethhahu Shhurrakiaa Thour N Paae ||	Having lost this opportunity, no place of rest shall be found.	ਇਸ ਮਨੁੱਖਾ ਜੀਵਨ ਵਿਚ (ਸਿਮਰਨ ਵਲੋਂ) ਖੁੰਝਿਆ ਹੋਇਆ ਫਿਰ ਆਤਮਕ ਆਨੰਦ ਦੀ ਥਾਂ ਨਹੀਂ ਪ੍ਰਾਪਤ ਕਰ ਸਕਦਾ।
16632	362	ਗਰਭ ਜੋਨਿ ਵਿਸਟਾ ਕਾ ਵਾਸੁ॥		Garabh Jon Visattaa Kaa Vaas ||	Cast into the womb of reincarnation, the mortal lives in manure;	ਜਨਮ ਮਰਨ ਦਾ ਗੇੜ (ਮਾਨੋ) ਗੰਦ ਦਾ ਘਰ ਹੈ,
16633	362	ਤਿਤੁ ਘਰਿ ਮਨਮੁਖੁ ਕਰੇ ਨਿਵਾਸੁ॥੩॥		Thith Ghar Manamukh Karae Nivaas ||3||	In such a home, the self-willed manmukh takes up residence. ||3||	ਇਸ ਘਰ ਵਿਚ ਉਸ ਮਨੁੱਖ ਦਾ ਨਿਵਾਸ ਹੋਇਆ ਰਹਿੰਦਾ ਹੈ ਜੋ ਆਪਣੇ ਮਨ ਦੇ ਪਿੱਛੇ ਤੁਰਦਾ ਹੈ ॥੩॥
16634	362	ਅਪੁਨੇ ਸਤਿਗੁਰ ਕਉ ਸਦਾ ਬਲਿ ਜਾਈ॥		Apunae Sathigur Ko Sadhaa Bal Jaaee ||	I am forever a sacrifice to my True Guru;	(ਹੇ ਭਾਈ!) ਮੈਂ ਆਪਣੇ ਸਤਿਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ।
16635	362	ਗੁਰਮੁਖਿ ਜੋਤੀ ਜੋਤਿ ਮਿਲਾਈ॥		Guramukh Jothee Joth Milaaee ||	The light of the Gurmukh blends with the Divine Light of the Lord.	ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਦੀ ਸੁਰਤਿ ਨੂੰ ਗੁਰੂ ਪਰਮਾਤਮਾ ਦੀ ਜੋਤਿ ਵਿਚ ਮਿਲਾ ਦੇਂਦਾ ਹੈ।

16636	362	ਨਿਰਮਲ ਬਾਣੀ ਨਿਜ ਘਰਿ ਵਾਸਾ॥	ਨਿੱਜ	Niramal Baanee Nij Ghar Vaasaa ||	Through the Immaculate Bani of the Word, the mortal dwells within the home of his own inner self.	ਗੁਰੂ ਦੀ ਪਵਿਤ੍ਰ ਬਾਣੀ ਦੀ ਬਰਕਤਿ ਨਾਲ ਆਪਣੇ ਅਸਲ ਘਰ ਵਿਚ (ਪ੍ਰਭੂ-ਚਰਨਾਂ ਵਿਚ) ਟਿਕਾਣਾ ਮਿਲ ਜਾਂਦਾ ਹੈ,
16637	362	ਨਾਨਕ ਹਉਮੈ ਮਾਰੇ ਸਦਾ ਉਦਾਸਾ॥੪॥੬॥੪੫॥		Naanak Houmai Maarae Sadhaa Oudhaasaa ||4||6||45||	O Nanak, he conquers his ego, and remains forever detached. ||4||6||45||	ਹੇ ਨਾਨਕ! (ਗੁਰੂ ਦੀ ਮੇਹਰ ਨਾਲ ਮਨੁੱਖ) ਹਉਮੈ ਨੂੰ ਮੁਕਾ ਲੈਂਦਾ ਹੈ ਤੇ (ਮਾਇਆ ਦੇ ਮੋਹ ਵਲੋਂ) ਸਦਾ ਉਪਰਾਮ ਰਹਿੰਦਾ ਹੈ ॥੪॥੬॥੪੫॥
16638	362	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
16639	362	ਲਾਲੈ ਆਪਣੀ ਜਾਤਿ ਗਵਾਈ॥	ਲੱਾਲੈ	Laalai Aapanee Jaath Gavaaee ||	The Lord's slave sets aside his own social status.	ਸੇਵਕ ਨੇ ਆਪਣੀ (ਵੱਖਰੀ) ਹਸਤੀ ਮਿਟਾ ਲਈ ਹੁੰਦੀ ਹੈ,
16640	363	ਤਨੁ ਮਨੁ ਅਰਪੇ ਸਤਿਗੁਰ ਸਰਣਾਈ॥		Than Man Arapae Sathigur Saranaaee ||	He dedicates his mind and body to the True Guru, and seeks His Sanctuary.	ਆਪਣਾ ਮਨ ਆਪਣਾ ਸਰੀਰ ਗੁਰੂ ਦੇ ਹਵਾਲੇ ਕਰ ਕੇ ਤੇ ਗੁਰੂ ਦੀ ਸਰਨ ਪੈ ਜਾਂਦਾ ਹੈ।
16641	363	ਹਿਰਦੈ ਨਾਮੁ ਵਡੀ ਵਡਿਆਈ॥		Hiradhai Naam Vaddee Vaddiaaee ||	His greatest greatness is that the Naam, the Name of the Lord, is in his heart.	(ਪ੍ਰਭੂ ਤੋਂ ਵਿਕਿਆ ਹੋਏ ਦਾਸ ਵਾਸਤੇ) ਇਹੀ ਸਭ ਤੋਂ ਵੱਡੀ ਇੱਜ਼ਤ ਹੈ ਕਿ ਉਹ ਉਸ ਪ੍ਰਭੂ ਦਾ ਨਾਮ ਦਾਸ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ,
16642	363	ਸਦਾ ਪ੍ਰੀਤਮੁ ਪ੍ਰਭੁ ਹੋਇ ਸਖਾਈ॥੧॥		Sadhaa Preetham Prabh Hoe Sakhaaee ||1||	The Beloved Lord God is his constant companion. ||1||	ਜੇਹੜਾ ਪਰਮਾਤਮਾ ਸਭ ਦਾ ਪਿਆਰਾ ਹੈ ਤੇ ਸਭ ਦਾ ਸਾਥੀ-ਮਿੱਤਰ ਹੈ ॥੧॥

16643	363	ਸੋ ਲਾਲਾ ਜੀਵਤੁ ਮਰੈ॥		So Laalaa Jeevath Marai ||	He alone is the Lord's slave, who remains dead while yet alive.	(ਹੇ ਭਾਈ!) ਅਸਲੀ ਦਾਸ ਉਹ ਹੈ (ਅਸਲੀ ਵਿਕਿਆ ਹੋਇਆ ਉਹ ਮਨੁੱਖ ਹੈ) ਜੋ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਦੁਨੀਆ ਦੀਆਂ ਵਾਸਨਾਂ ਵਲੋਂ ਮਰਿਆ ਹੋਇਆ ਹੈ।
16644	363	ਸੋਗੁ ਹਰਖੁ ਦੁਇ ਸਮ ਕਰਿ ਜਾਣੈ ਗੁਰ ਪਰਸਾਦੀ ਸਬਦਿ ਉਧਰੈ॥੧॥ਰਹਾਉ॥	ਹੋਰਨਾ ਨੂੰ (ਉ-ਧਰੈ) ਉਧਾਰਨਾ ਕਰਨ	Sog Harakh Dhue Sam Kar Jaanai Gur Parasaadhee Sabadh Oudhharai ||1|| Rehaao ||	He looks upon pleasure and pain alike; by Guru's Grace, he is saved through the Word of the Shabad. ||1||Pause||	(ਅਜੇਹਾ ਦਾਸ) ਖ਼ੁਸ਼ੀ ਗ਼ਮੀ ਦੋਹਾਂ ਨੂੰ ਇਕੋ ਜਿਹਾ ਸਮਝਦਾ ਹੈ, ਤੇ ਗੁਰੂ ਦੀ ਕਿਰਪਾ ਨਾਲ ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ (ਦੁਨੀਆ ਦੀਆਂ ਵਾਸਨਾਂ ਤੋਂ) ਬਚਿਆ ਰਹਿੰਦਾ ਹੈ ॥੧॥ ਰਹਾਉ ॥
16645	363	ਕਰਣੀ ਕਾਰ ਧੁਰਹੁ ਫੁਰਮਾਈ॥		Karanee Kaar Dhhurahu Furamaaee ||	He does his deeds according to the Lord's Primal Command.	ਪਰਮਾਤਮਾ ਨੇ ਆਪਣੇ ਦਾਸ ਨੂੰ ਸਿਮਰਨ ਦੀ ਹੀ ਕਰਨ-ਜੋਗ ਕਾਰ ਆਪਣੀ ਹਜ਼ੂਰੀ ਤੋਂ ਦੱਸੀ ਹੋਈ ਹੈ।
16646	363	ਬਿਨੁ ਸਬਦੈ ਕੋ ਥਾਇ ਨ ਪਾਈ॥		Bin Sabadhai Ko Thhaae N Paaee ||	Without the Shabad, no one is approved.	(ਪਰਮਾਤਮਾ ਨੇ ਉਸ ਨੂੰ ਹੁਕਮ ਕੀਤਾ ਹੋਇਆ ਹੈ ਕਿ) ਗੁਰੂ ਦੇ ਸ਼ਬਦ (ਵਿਚ ਜੁੜਨ) ਤੋਂ ਬਿਨਾ ਕੋਈ ਮਨੁੱਖ (ਉਸ ਦੇ ਦਰ ਤੇ) ਕਬੂਲ ਨਹੀਂ ਹੋ ਸਕਦਾ।

16647	363	ਕਰਣੀ ਕੀਰਤਿ ਨਾਮੁ ਵਸਾਈ॥		Karanee Keerath Naam Vasaaee ||	Singing the Kirtan of the Lord's Praises, the Naam abides within the mind.	ਇਸ ਵਾਸਤੇ ਸੇਵਕ ਉਸ ਦੀ ਸਿਫ਼ਤਿ-ਸਾਲਾਹ ਕਰਦਾ ਹੈ ਉਸ ਦਾ ਨਾਮ (ਆਪਣੇ ਮਨ ਵਿਚ) ਵਸਾਈ ਰੱਖਦਾ ਹੈ-ਇਹੀ ਉਸ ਦੇ ਵਾਸਤੇ ਕਰਨ-ਜੋਗ ਕਾਰ ਹੈ।
16648	363	ਆਪੇ ਦੇਵੈ ਢਿਲ ਨ ਪਾਈ॥੨॥		Aapae Dhaevai Dtil N Paaee ||2||	He Himself gives His gifts, without hesitation. ||2||	(ਪਰ ਇਹ ਦਾਤਿ ਪ੍ਰਭੂ) ਆਪ ਹੀ (ਆਪਣੇ ਦਾਸ ਨੂੰ) ਦੇਂਦਾ ਹੈ (ਤੇ ਦੇਂਦਿਆਂ) ਚਿਰ ਨਹੀਂ ਲਾਂਦਾ ॥੨॥
16649	363	ਮਨਮੁਖਿ ਭਰਮਿ ਭੁਲੈ ਸੰਸਾਰੁ॥	ਭੁੱਲੈ	Manamukh Bharam Bhulai Sansaar ||	The self-willed manmukh wanders around the world in doubt.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਜਗਤ ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ,
16650	363	ਬਿਨੁ ਰਾਸੀ ਕੂੜਾ ਕਰੇ ਵਾਪਾਰੁ॥		Bin Raasee Koorraa Karae Vaapaar ||	Without any capital, he makes false transactions.	(ਜਿਵੇਂ ਕੋਈ ਵਪਾਰੀ) ਸਰਮਾਏ ਤੋਂ ਬਿਨਾ ਠੱਗੀ ਦਾ ਹੀ ਵਪਾਰ ਕਰਦਾ ਹੈ।
16651	363	ਵਿਣੁ ਰਾਸੀ ਵਖਰੁ ਪਲੈ ਨ ਪਾਇ॥	ਵੱਖਰੁ ਪੱਲੈ	Vin Raasee Vakhar Palai N Paae ||	Without any capital, he does not obtain any merchandise.	ਜਿਸ ਦੇ ਪਾਸ ਸਰਮਾਇਆ ਨਹੀਂ ਉਸ ਨੂੰ ਸੌਦਾ ਨਹੀਂ ਮਿਲ ਸਕਦਾ।
16652	363	ਮਨਮੁਖਿ ਭੁਲਾ ਜਨਮੁ ਗਵਾਇ॥੩॥	ਭੁੱਲਾ	Manamukh Bhulaa Janam Gavaae ||3||	The mistaken manmukh wastes away his life. ||3||	(ਇਸੇ ਤਰ੍ਹਾਂ) ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਸਹੀ ਜੀਵਨ-ਰਾਹ ਤੋਂ) ਖੁੰਝਾ ਹੋਇਆ ਆਪਣੀ ਜ਼ਿੰਦਗੀ ਬਰਬਾਦ ਕਰਦਾ ਹੈ ॥੩॥
16653	363	ਸਤਿਗੁਰੁ ਸੇਵੇ ਸੁ ਲਾਲਾ ਹੋਇ॥	(ਲੱਾਲਾ) ਦਾਸ	Sathigur Saevae S Laalaa Hoe ||	One who serves the True Guru is the Lord's slave.	(ਪ੍ਰਭੂ ਦੇ ਦਰ ਤੇ ਵਿੱਕਿਆ ਹੋਇਆ ਅਸਲੀ) ਦਾਸ ਉਹੀ ਹੈ ਜੋ ਸਤਿਗੁਰੂ ਦੀ ਸਰਨ ਪੈਂਦਾ ਹੈ,

16654	363	ਊਤਮ ਜਾਤੀ ਊਤਮੁ ਸੋਇ॥		Ootham Jaathee Ootham Soe ||	His social status is exalted, and his reputation is exalted.	ਉਹੀ ਉੱਚੀ ਹਸਤੀ ਵਾਲਾ ਬਣ ਜਾਂਦਾ ਹੈ ਉਹੀ ਉੱਚੇ ਜੀਵਨ ਵਾਲਾ ਹੋ ਜਾਂਦਾ ਹੈ,
16655	363	ਗੁਰ ਪਉੜੀ ਸਭ ਦੂ ਊਚਾ ਹੋਇ॥		Gur Pourree Sabh Dhoo Oochaa Hoe ||	Climbing the Guru's Ladder, he becomes the most exalted of all.	ਗੁਰੂ ਦੀ (ਦਿੱਤੀ ਹੋਈ ਨਾਮ-ਸਿਮਰਨ ਦੀ) ਪਉੜੀ ਦਾ ਆਸਰਾ ਲੈ ਕੇ ਉਹ ਸਭਨਾਂ ਨਾਲੋਂ ਉੱਚਾ ਹੋ ਜਾਂਦਾ ਹੈ।
16656	363	ਨਾਨਕ ਨਾਮਿ ਵਡਾਈ ਹੋਇ॥੪॥੭॥੪੬॥		Naanak Naam Vaddaaee Hoe ||4||7||46||	O Nanak, through the Naam, the Name of the Lord, greatness is obtained. ||4||7||46||	ਹੇ ਨਾਨਕ! ਪਰਮਾਤਮਾ ਦਾ ਨਾਮ ਸਿਮਰਨ ਵਿਚ ਹੀ ਇੱਜ਼ਤ ਹੈ ॥੪॥੭॥੪੬॥
16657	363	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
16658	363	ਮਨਮੁਖਿ ਝੂਠੋ ਝੂਠੁ ਕਮਾਵੈ॥		Manamukh Jhootho Jhooth Kamaavai ||	The self-willed manmukh practices falsehood, only falsehood.	ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਸਦਾ ਉਹੀ ਕੁਝ ਕਰਦੀ ਹੈ ਜੋ ਉਸ ਦੇ (ਆਤਮਕ ਜੀਵਨ ਦੇ) ਕਿਸੇ ਕੰਮ ਨਹੀਂ ਆ ਸਕਦਾ,
16659	363	ਖਸਮੈ ਕਾ ਮਹਲੁ ਕਦੇ ਨ ਪਾਵੈ॥		Khasamai Kaa Mehal Kadhae N Paavai ||	He never attains the Mansion of the Lord Presence.	(ਉਹਨਾਂ ਉੱਦਮਾਂ ਨਾਲ ਉਹ ਜੀਵ-ਇਸਤ੍ਰੀ) ਖਸਮ-ਪ੍ਰਭੂ ਦਾ ਟਿਕਾਣਾ ਕਦੇ ਭੀ ਨਹੀਂ ਲੱਭ ਸਕਦੀ।
16660	363	ਦੂਜੈ ਲਗੀ ਭਰਮਿ ਭੁਲਾਵੈ॥	ਲੱਗੀ	Dhoojai Lagee Bharam Bhulaavai ||	Attached to duality, he wanders, deluded by doubt.	ਮਾਇਆ ਦੇ ਮੋਹ ਵਿਚ ਫਸੀ ਹੋਈ ਮਾਇਆ ਦੀ ਭਟਕਣਾ ਵਿਚ ਪੈ ਕੇ ਉਹ ਕੁਰਾਹੇ ਪਈ ਰਹਿੰਦੀ ਹੈ।

16661	363	ਮਮਤਾ ਬਾਧਾ ਆਵੈ ਜਾਵੈ॥੧॥		Mamathaa Baadhhaa Aavai Jaavai ||1||	Entangled in worldly attachments, he comes and goes. ||1||	(ਹੇ ਮਨ!) ਅਪਣੱਤ ਦੇ ਬੰਧਨਾਂ ਵਿਚ ਬੱਝਾ ਹੋਇਆ ਜਗਤ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ ॥੧॥
16662	363	ਦੋਹਾਗਣੀ ਕਾਮਨ ਦੇਖੁ ਸੀਗਾਰੁ॥	ਕੱਾਮਨ	Dhohaaganee Kaa Man Dhaekh Seegaar ||	Behold, the decorations of the discarded bride!	ਹੇ ਮਨ! (ਖਸਮ ਦੀ ਛੱਡੀ ਹੋਈ) ਮੰਦ-ਕਰਮਣ ਇਸਤ੍ਰੀ ਦਾ ਸਿੰਗਾਰ ਵੇਖ, ਨਿਰਾ ਪਖੰਡ ਹੈ ਨਿਰਾ ਵਿਕਾਰ ਹੈ।
16663	363	ਪੁਤ੍ਰ ਕਲਤਿ ਧਨਿ ਮਾਇਆ ਚਿਤੁ ਲਾਏ ਝੂਠੁ ਮੋਹੁ ਪਾਖੰਡ ਵਿਕਾਰੁ॥੧॥ਰਹਾਉ॥	(ਕ-ਲਤਿ) ਇਸਤ੍ਰੀ	Puthr Kalath Dhhan Maaeiaa Chith Laaeae Jhooth Mohu Paakhandd Vikaar || Rehaao ||1||	Her consciousness is attached to children, spouse, wealth, and Maya, falsehood, emotional attachment, hypocrisy and corruption. ||1||Pause||	(ਇਸੇ ਤਰ੍ਹਾਂ) ਜੇਹੜਾ ਮਨੁੱਖ ਪੁੱਤਰਾਂ ਵਿਚ ਇਸਤ੍ਰੀ ਵਿਚ ਧਨ ਵਿਚ ਮਾਇਆ ਵਿਚ ਚਿੱਤ ਜੋੜਦਾ ਹੈ ਉਸ ਦਾ ਇਹ ਸਾਰਾ ਮੋਹ ਵਿਅਰਥ ਹੈ ॥੧॥ ਰਹਾਉ ॥
16664	363	ਸਦਾ ਸੋਹਾਗਣਿ ਜੋ ਪ੍ਰਭ ਭਾਵੈ॥		Sadhaa Sohaagan Jo Prabh Bhaavai ||	She who is pleasing to God is forever a happy soul-bride.	ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਪਿਆਰੀ ਲੱਗਦੀ ਹੈ ਉਹ ਸਦਾ ਚੰਗੇ ਭਾਗਾਂ ਵਾਲੀ ਹੈ।
16665	363	ਗੁਰ ਸਬਦੀ ਸੀਗਾਰੁ ਬਣਾਵੈ॥		Gur Sabadhee Seegaar Banaavai ||	She makes the Word of the Guru's Shabad her decoration.	ਉਹ ਗੁਰੂ ਦੇ ਸ਼ਬਦ ਦੀ ਰਾਹੀਂ (ਪ੍ਰਭੂ-ਮਿਲਾਪ ਨੂੰ ਆਪਣਾ ਆਤਮਕ) ਸੋਹਜ ਬਣਾਂਦੀ ਹੈ,
16666	363	ਸੇਜ ਸੁਖਾਲੀ ਅਨ ਦਿਨੁ ਹਰਿ ਰਾਵੈ॥		Saej Sukhaalee Anadhin Har Raavai ||	Her bed is so comfortable; she enjoys her Lord, night and day.	ਉਸ ਦੇ ਹਿਰਦੇ ਦੀ ਸੇਜ ਸੁਖਦਾਈ ਹੋ ਜਾਂਦੀ ਹੈ ਕਿਉਂਕਿ ਉਹ ਹਰ ਵੇਲੇ ਪ੍ਰਭੂ-ਪਤੀ ਦਾ ਮਿਲਾਪ ਮਾਣਦੀ ਹੈ,

16667	363	ਮਿਲਿ ਪ੍ਰੀਤਮ ਸਦਾ ਸੁਖੁ ਪਾਵੈ॥੨॥		Mil Preetham Sadhaa Sukh Paavai ||2||	Meeting her Beloved, the obtains eternal peace. ||2||	ਪ੍ਰਭੂ ਪ੍ਰੀਤਮ ਨੂੰ ਮਿਲ ਕੇ ਉਹ ਸਦਾ ਆਤਮਕ ਆਨੰਦ ਮਾਣਦੀ ਹੈ ॥੨॥
16668	363	ਸਾ ਸੋਹਾਗਣਿ ਸਾਚੀ ਜਿਸੁ ਸਾਚਿ ਪਿਆਰੁ॥		Saa Sohaagan Saachee Jis Saach Piaar ||	She is a true, virtuous soul-bride, who enshrines love for the True Lord.	(ਹੇ ਮਨ!) ਜਿਸ ਜੀਵ-ਇਸਤ੍ਰੀ ਦਾ ਪਿਆਰ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਪੈ ਜਾਂਦਾ ਹੈ ਉਹ ਸਦਾ ਲਈ ਚੰਗੇ ਭਾਗਾਂ ਵਾਲੀ ਬਣ ਜਾਂਦੀ ਹੈ,
16669	363	ਅਪਣਾ ਪਿਰੁ ਰਾਖੈ ਸਦਾ ਉਰ ਧਾਰਿ॥		Apanaa Pir Raakhai Sadhaa Our Dhhaar ||	She keeps her Husband Lord always clasped to her heart.	ਉਹ ਆਪਣੇ ਪਤੀ-ਪ੍ਰਭੂ ਨੂੰ ਹਮੇਸ਼ਾ ਆਪਣੇ ਹਿਰਦੇ ਵਿਚ ਟਿਕਾਈ ਰੱਖਦੀ ਹੈ,
16670	363	ਨੇੜੈ ਵੇਖੈ ਸਦਾ ਹਦੂਰਿ॥		Naerrai Vaekhai Sadhaa Hadhoor ||	She sees Him near at hand, ever-present.	ਉਹ ਪ੍ਰਭੂ ਨੂੰ ਸਦਾ ਆਪਣੇ ਨੇੜੇ ਆਪਣੇ ਅੰਗ-ਸੰਗ ਵੇਖਦੀ ਹੈ,
16671	363	ਮੇਰਾ ਪ੍ਰਭੁ ਸਰਬ ਰਹਿਆ ਭਰਪੂਰਿ॥੩॥		Maeraa Prabh Sarab Rehiaa Bharapoor ||3||	My God is all-pervading everywhere. ||3||	ਉਸ ਨੂੰ ਪਿਆਰਾ ਪ੍ਰਭੂ ਸਭਨਾਂ ਵਿਚ ਵਿਆਪਕ ਦਿੱਸਦਾ ਹੈ ॥੩॥
16672	363	ਆਗੈ ਜਾਤਿ ਰੂਪੁ ਨ ਜਾਇ॥		Aagai Jaath Roop N Jaae ||	Social status and beauty will not go with you hereafter.	(ਹੇ ਮਨ! ਉੱਚੀ ਜਾਤਿ ਤੇ ਸੋਹਣੇ ਰੂਪ ਦਾ ਕੀਹ ਮਾਣ?) ਪਰਲੋਕ ਵਿਚ ਨਾਹ ਇਹ (ਉੱਚੀ) ਜਾਤਿ ਜਾਂਦੀ ਹੈ ਨਾਹ ਇਹ (ਸੋਹਣਾ) ਰੂਪ ਜਾਂਦਾ ਹੈ।

16673	363	ਤੇਹਾ ਹੋਵੈ ਜੇਹੇ ਕਰਮ ਕਮਾਇ॥		Thaehaa Hovai Jaehae Karam Kamaae ||	As are the deeds done here, so does one become.	(ਇਸ ਲੋਕ ਵਿਚ ਮਨੁੱਖ) ਜਿਹੋ ਜਿਹੇ ਕਰਮ ਕਰਦਾ ਹੈ ਉਹੋ ਜਿਹਾ ਉਸ ਦਾ ਜੀਵਨ ਬਣ ਜਾਂਦਾ ਹੈ (ਬੱਸ! ਇਹੀ ਹੈ ਮਨੁੱਖ ਦੀ ਜਾਤਿ ਤੇ ਇਹੀ ਹੈ ਮਨੁੱਖ ਦਾ ਰੂਪ)।
16674	363	ਸਬਦੇ ਊਚੋ ਊਚਾ ਹੋਇ॥		Sabadhae Oocho Oochaa Hoe ||	Through the Word of the Shabad, one becomes the highest of the high.	(ਜਿਉਂ ਜਿਉਂ ਮਨੁੱਖ) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਆਤਮਕ ਜੀਵਨ ਵਿਚ) ਹੋਰ ਉੱਚਾ ਹੋਰ ਉੱਚਾ ਹੁੰਦਾ ਜਾਂਦਾ ਹੈ,
16675	363	ਨਾਨਕ ਸਾਚਿ ਸਮਾਵੈ ਸੋਇ॥੪॥੮॥੪੭॥		Naanak Saach Samaavai Soe ||4||8||47||	O Nanak, he is absorbed in the True Lord. ||4||8||47||	ਹੇ ਨਾਨਕ! ਤਿਉਂ ਤਿਉਂ ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਹੁੰਦਾ ਜਾਂਦਾ ਹੈ ॥੪॥੮॥੪੭॥
16676	363	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
16677	363	ਭਗਤਿ ਰਤਾ ਜਨੁ ਸਹਜਿ ਸੁਭਾਇ॥	ਰੱਤਾ	Bhagath Rathaa Jan Sehaj Subhaae ||	The Lord's humble servant is imbued with devotional love, effortlessly and spontaneously.	ਜੇਹੜਾ ਮਨੁੱਖ ਪਰਮਾਤਮਾ ਦੀ ਭਗਤੀ ਦੇ ਰੰਗ ਵਿਚ ਰੰਗਿਆ ਜਾਂਦਾ ਹੈ, ਉਹ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ਉਹ ਪ੍ਰਭੂ ਦੇ ਪ੍ਰੇਮ ਵਿਚ ਮਗਨ ਰਹਿੰਦਾ ਹੈ,

16678	363	ਗੁਰ ਕੈ ਭੈ ਸਾਚੈ ਸਾਚਿ ਸਮਾਇ॥		Gur Kai Bhai Saachai Saach Samaae ||	Through awe and fear of the Guru, he is truly absorbed in the True One.	ਗੁਰੂ ਦੇ ਅਦਬ ਵਿਚ ਰਹਿ ਕੇ ਸਦਾ-ਥਿਰ ਪਰਮਾਤਮਾ ਦੇ ਡਰ ਵਿਚ ਰਹਿ ਕੇ ਉਹ ਸਦਾ-ਥਿਰ ਪਰਮਾਤਮਾ ਵਿਚ ਲੀਨ ਹੋ ਜਾਂਦਾ ਹੈ।
16679	363	ਬਿਨੁ ਗੁਰ ਪੂਰੇ ਭਗਤਿ ਨ ਹੋਇ॥		Bin Gur Poorae Bhagath N Hoe ||	Without the Perfect Guru, devotional love is not obtained.	(ਪਰ) ਪੂਰੇ ਗੁਰੂ ਦੀ ਸਰਨ ਪੈਣ ਤੋਂ ਬਿਨਾ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ।
16680	363	ਮਨਮੁਖ ਰੁੰਨੇ ਅਪਨੀ ਪਤਿ ਖੋਇ॥੧॥	(ਰੁੰਨੇ) ਰੋਂਦੇ	Manamukh Runnae Apanee Path Khoe ||1||	The self-willed manmukhs lose their honor, and cry out in pain. ||1||	ਜੇਹੜੇ ਮਨੁੱਖ (ਗੁਰੂ ਦਾ ਆਸਰਾ-ਪਰਨਾ ਛੱਡ ਕੇ) ਆਪਣੇ ਮਨ ਦੇ ਪਿਛੇ ਤੁਰਦੇ ਹਨ ਉਹ (ਅੰਤ) ਆਪਣੀ ਇੱਜ਼ਤ ਗਵਾ ਕੇ ਪਛੁਤਾਂਦੇ ਹਨ ॥੧॥
16681	363	ਮੇਰੇ ਮਨ ਹਰਿ ਜਪਿ ਸਦਾ ਧਿਆਇ॥		Maerae Man Har Jap Sadhaa Dhhiaae ||	O my mind, chant the Lord's Name, and meditate on Him forever.	ਹੇ ਮੇਰੇ ਮਨ! ਪਰਮਾਤਮਾ ਦੇ ਗੁਣ ਚੇਤੇ ਕਰ, ਸਦਾ ਪਰਮਾਤਮਾ ਦਾ ਧਿਆਨ ਧਰ।
16682	363	ਸਦਾ ਅਨੰਦੁ ਹੋਵੈ ਦਿਨੁ ਰਾਤੀ ਜੋ ਇਛੈ ਸੋਈ ਫਲੁ ਪਾਇ॥੧॥ਰਹਾਉ॥	ਅਨੰਦੁ	Sadhaa Anandh Hovai Dhin Raathee Jo Eishhai Soee Fal Paae ||1|| Rehaao ||	You shall always be in ecstasy, day and night, and you shall obtain the fruits of your desires. ||1||Pause||	(ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਹੈ ਉਸ ਦੇ ਅੰਦਰ) ਦਿਨ ਰਾਤ ਸਦਾ ਆਤਮਕ ਚਾਉ ਬਣਿਆ ਰਹਿੰਦਾ ਹੈ, ਉਹ ਜਿਸ ਫਲ ਦੀ ਇੱਛਾ ਕਰਦਾ ਹੈ, ਉਹੀ ਫਲ ਹਾਸਲ ਕਰ ਲੈਂਦਾ ਹੈ ॥੧॥ ਰਹਾਉ ॥
16683	363	ਗੁਰ ਪੂਰੇ ਤੇ ਪੂਰਾ ਪਾਏ॥		Gur Poorae Thae Pooraa Paaeae ||	Through the Perfect Guru, the Perfect Lord is obtained,	ਪੂਰੇ ਗੁਰੂ ਪਾਸੋਂ ਹੀ ਸਾਰੇ ਗੁਣਾਂ ਦਾ ਮਾਲਕ ਪਰਮਾਤਮਾ ਲੱਭਦਾ ਹੈ,

16684	363	ਹਿਰਦੈ ਸਬਦੁ ਸਚੁ ਨਾਮੁ ਵਸਾਏ॥		Hiradhai Sabadh Sach Naam Vasaaeae ||	And the Shabad, the True Name, is enshrined in the mind.	(ਪੂਰੇ ਗੁਰੂ ਦੀ ਸਰਨ ਪੈਣ ਵਾਲਾ ਮਨੁੱਖ ਆਪਣੇ) ਹਿਰਦੇ ਵਿਚ ਗੁਰੂ ਦਾ ਸ਼ਬਦ ਵਸਾਂਦਾ ਹੈ, ਪ੍ਰਭੂ ਦਾ ਸਦਾ-ਥਿਰ ਨਾਮ ਵਸਾਂਦਾ ਹੈ,
16685	363	ਅੰਤਰੁ ਨਿਰਮਲੁ ਅੰਮ੍ਰਿਤ ਸਰਿ ਨਾਏ॥	ਨ੍ਹਾਏ	Anthar Niramal Anmrith Sar Naaeae ||	One who bathes in the Pool of Ambrosial Nectar becomes immaculately pure within.	(ਜਿਉਂ ਜਿਉਂ) ਉਹ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੇ ਸਰੋਵਰ ਵਿਚ ਇਸ਼ਨਾਨ ਕਰਦਾ ਹੈ ਉਸ ਦਾ ਹਿਰਦਾ ਪਵਿਤ੍ਰ ਹੁੰਦਾ ਜਾਂਦਾ ਹੈ।
16686	363	ਸਦਾ ਸੂਚੇ ਸਾਚਿ ਸਮਾਏ॥੨॥		Sadhaa Soochae Saach Samaaeae ||2||	He becomes forever sanctified, and is absorbed in the True Lord. ||2||	(ਹੇ ਭਾਈ!) ਸਦਾ-ਥਿਰ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਲੀਨ ਹੋ ਕੇ ਮਨੁੱਖ ਸਦਾ ਲਈ ਪਵਿਤ੍ਰ ਹੋ ਜਾਂਦੇ ਹਨ ॥੨॥
16687	363	ਹਰਿ ਪ੍ਰਭੁ ਵੇਖੈ ਸਦਾ ਹਜੂਰਿ॥		Har Prabh Vaekhai Sadhaa Hajoor ||	He sees the Lord God ever-present.	(ਹੇ ਮੇਰੇ ਮਨ! ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਹੈ ਉਹ) ਪਰਮਾਤਮਾ ਨੂੰ ਸਦਾ ਅੰਗ-ਸੰਗ ਵੱਸਦਾ ਵੇਖਦਾ ਹੈ,
16688	363	ਗੁਰ ਪਰਸਾਦਿ ਰਹਿਆ ਭਰਪੂਰਿ॥		Gur Parasaadh Rehiaa Bharapoor ||	By Guru's Grace, he sees the Lord permeating and pervading everywhere.	ਗੁਰੂ ਦੀ ਕਿਰਪਾ ਨਾਲ ਉਸ ਨੂੰ ਪਰਮਾਤਮਾ ਹਰ ਥਾਂ ਵਿਆਪਕ ਦਿੱਸਦਾ ਹੈ।
16689	363	ਜਹਾ ਜਾਉ ਤਹ ਵੇਖਾ ਸੋਇ॥		Jehaa Jaao Theh Vaekhaa Soe ||	Wherever I go, there I see Him.	(ਹੇ ਮੇਰੇ ਮਨ! ਮੇਰੇ ਤੇ ਭੀ ਗੁਰੂ ਨੇ ਮੇਹਰ ਕੀਤੀ ਹੈ, ਤੇ) ਮੈਂ ਜਿਧਰ ਜਾਂਦਾ ਹਾਂ ਉਸ ਪਰਮਾਤਮਾ ਨੂੰ ਹੀ ਵੇਖਦਾ ਹਾਂ।

16690	363	ਗੁਰ ਬਿਨੁ ਦਾਤਾ ਅਵਰੁ ਨ ਕੋਇ॥੩॥		Gur Bin Dhaathaa Avar N Koe ||3||	Without the Guru, there is no other Giver. ||3||	(ਪਰ) ਗੁਰੂ ਤੋਂ ਬਿਨਾ ਕੋਈ ਹੋਰ ਇਹ (ਉੱਚੀ) ਦਾਤਿ ਦੇਣ ਜੋਗਾ ਨਹੀਂ ਹੈ ॥੩॥
16691	363	ਗੁਰੁ ਸਾਗਰੁ ਪੂਰਾ ਭੰਡਾਰ॥		Gur Saagar Pooraa Bhanddaar ||	The Guru is the ocean, the perfect treasure,	ਗੁਰੂ ਸਮੁੰਦਰ ਹੈ ਅਤੇ ਉਸ ਦਾ ਖ਼ਜ਼ਾਨਾ ਅਖੁੱਟ ਹੈ,
16692	363	ਊਤਮ ਰਤਨ ਜਵਾਹਰ ਅਪਾਰ॥		Ootham Rathan Javaahar Apaar ||	The most precious jewel and priceless ruby.	ਜਿਸ ਵਿਚ ਪਰਮਾਤਮਾ ਤੇ ਸਿਫ਼ਤਿ-ਸਾਲਾਹ ਦੇ ਬੇਅੰਤ ਕੀਮਤੀ ਰਤਨ ਜਵਾਹਰ ਭਰੇ ਪਏ ਹਨ।
16693	363	ਗੁਰ ਪਰਸਾਦੀ ਦੇਵਣਹਾਰੁ॥		Gur Parasaadhee Dhaevanehaar ||	By Guru's Grace, the Great Giver blesses us;	ਗੁਰੂ ਦੀ ਕਿਰਪਾ ਦੀ ਰਾਹੀਂ ਉਹ ਪ੍ਰਭੂ-ਦਾਤਾਰ ਸਿਫ਼ਤਿ-ਸਾਲਾਹ ਦੇ ਕੀਮਤੀ ਰਤਨ ਜਵਾਹਰ ਦੇਂਦਾ ਹੈ।
16694	363	ਨਾਨਕ ਬਖਸੇ ਬਖਸਣਹਾਰੁ॥੪॥੯॥ ੪੮॥		Naanak Bakhasae Bakhasanehaar ||4||9||48||	O Nanak, the Forgiving Lord forgives us. ||4||9||48||	ਹੇ ਨਾਨਕ! ਜੀਵਾਂ ਦੀ ਬਖ਼ਸ਼ਸ਼ ਕਰਨ ਵਾਲਾ ਪਰਮਾਤਮਾ ਬਖ਼ਸ਼ਸ਼ ਕਰਦਾ ਹੈ (ਤੇ ਇਹ ਕੀਮਤੀ ਖ਼ਜ਼ਾਨੇ ਦੇਂਦਾ ਹੈ) ॥੪॥੯॥੪੮॥
16695	363	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
16696	363	ਗੁਰੁ ਸਾਇਰੁ ਸਤਿਗੁਰੁ ਸਚੁ ਸੋਇ॥	(ਸਾਇਰੁ) ਸਮੁੰਦਰ	Gur Saaeir Sathigur Sach Soe ||	The Guru is the Ocean; the True Guru is the Embodiment of Truth.	(ਹੇ ਭਾਈ!) ਗੁਰੂ (ਗੁਣਾਂ ਦਾ) ਸਮੁੰਦਰ ਹੈ, ਗੁਰੂ ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਰੂਪ ਹੈ,

16697	363	ਪੂਰੈ ਭਾਗਿ ਗੁਰ ਸੇਵਾ ਹੋਇ॥		Poorai Bhaag Gur Saevaa Hoe ||	Through perfect good destiny, one serves the Guru.	ਵੱਡੀ ਕਿਸਮਤਿ ਨਾਲ ਹੀ ਗੁਰੂ ਦੀ (ਦੱਸੀ) ਸੇਵਾ ਹੋ ਸਕਦੀ ਹੈ।
16698	364	ਸੋ ਬੂਝੈ ਜਿਸੁ ਆਪਿ ਬੁਝਾਏ॥		So Boojhai Jis Aap Bujhaaeae ||	He alone understands, whom the Lord Himself inspires to understand.	(ਇਸ ਭੇਤ ਨੂੰ) ਉਹ ਮਨੁੱਖ ਸਮਝਦਾ ਹੈ ਜਿਸ ਨੂੰ (ਪਰਮਾਤਮਾ) ਆਪ ਸਮਝਾਂਦਾ ਹੈ,
16699	364	ਗੁਰ ਪਰਸਾਦੀ ਸੇਵ ਕਰਾਏ॥੧॥		Gur Parasaadhee Saev Karaaeae ||1||	By Guru's Grace, one serves Him. ||1||	ਤੇ (ਉਸ ਪਾਸੋਂ) ਗੁਰੂ ਦੀ ਕਿਰਪਾ ਨਾਲ (ਆਪਣੀ) ਸੇਵਾ-ਭਗਤੀ ਕਰਾਂਦਾ ਹੈ ॥੧॥
16700	364	ਗਿਆਨ ਰਤਨਿ ਸਭ ਸੋਝੀ ਹੋਇ॥		Giaan Rathan Sabh Sojhee Hoe ||	With the jewel of spiritual wisdom, total understanding is obtained.	(ਹੇ ਭਾਈ!) ਗੁਰੂ ਦੇ ਬਖ਼ਸ਼ੇ ਹੋਏ ਗਿਆਨ-ਰਤਨ ਦੀ ਬਰਕਤਿ ਨਾਲ (ਮਨੁੱਖ ਨੂੰ ਸਹੀ ਜੀਵਨ-ਜੁਗਤਿ ਬਾਰੇ) ਹਰੇਕ ਕਿਸਮ ਦੀ ਸਮਝ ਆ ਜਾਂਦੀ ਹੈ।
16701	364	ਗੁਰ ਪਰਸਾਦਿ ਅਗਿਆਨੁ ਬਿਨਾਸੈ ਅਨ ਦਿਨੁ ਜਾਗੈ ਵੇਖੈ ਸਚੁ ਸੋਇ॥੧॥ਰਹਾਉ॥		Gur Parasaadh Agiaan Binaasai Anadhin Jaagai Vaekhai Sach Soe ||1|| Rehaao ||	By Guru's Grace, ignorance is dispelled; one then remains wakeful, night and day, and beholds the True Lord. ||1||Pause||	ਗੁਰੂ ਦੀ ਕਿਰਪਾ ਨਾਲ (ਜਿਸ ਮਨੁੱਖ ਦਾ) ਅਗਿਆਨ ਦੂਰ ਹੋ ਜਾਂਦਾ ਹੈ ਉਹ ਹਰ ਵੇਲੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ, ਉਹ (ਹਰ ਥਾਂ) ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ (ਹੀ) ਵੇਖਦਾ ਹੈ ॥੧॥ ਰਹਾਉ ॥

16702	364	ਮੋਹੁ ਗੁਮਾਨੁ ਗੁਰ ਸਬਦਿ ਜਲਾਏ॥		Mohu Gumaan Gur Sabadh Jalaaeae ||	Through the Word of the Guru's Shabad, attachment and pride are burnt away.	(ਹੇ ਭਾਈ!) ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਆਪਣੇ ਅੰਦਰੋਂ) ਮੋਹ ਅਤੇ ਅਹੰਕਾਰ ਸਾੜ ਦੇਂਦਾ ਹੈ,
16703	364	ਪੂਰੇ ਗੁਰ ਤੇ ਸੋਝੀ ਪਾਏ॥		Poorae Gur Thae Sojhee Paaeae ||	From the Perfect Guru, true understanding is obtained.	ਜੇਹੜਾ ਮਨੁੱਖ ਪੂਰੇ ਗੁਰੂ ਪਾਸੋਂ (ਸਹੀ ਜੀਵਨ-ਜੁਗਤਿ) ਸਮਝ ਲੈਂਦਾ ਹੈ,
16704	364	ਅੰਤਰਿ ਮਹਲੁ ਗੁਰ ਸਬਦਿ ਪਛਾਣੈ॥		Anthar Mehal Gur Sabadh Pashhaanai ||	Through the Word of the Guru's Shabad, one realizes the Lord's Presence within.	ਉਹ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਅੰਦਰ (ਵੱਸਦੇ ਪਰਮਾਤਮਾ ਦਾ) ਟਿਕਾਣਾ ਪਛਾਣ ਲੈਂਦਾ ਹੈ;
16705	364	ਆਵਣ ਜਾਣੁ ਰਹੈ ਥਿਰੁ ਨਾਮਿ ਸਮਾਣੇ॥੨॥		Aavan Jaan Rehai Thhir Naam Samaanae ||2||	Then, one's coming and going cease, and one becomes stable, absorbed in the Naam, the Name of the Lord. ||2||	ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ ਉਹ ਪਰਮਾਤਮਾ ਦੇ ਨਾਮ ਵਿਚ ਟਿਕਿਆ ਰਹਿੰਦਾ ਹੈ ਤੇ ਅਡੋਲ-ਚਿੱਤ ਹੋ ਜਾਂਦਾ ਹੈ ॥੨॥
16706	364	ਜੰਮਣੁ ਮਰਣਾ ਹੈ ਸੰਸਾਰੁ॥		Janman Maranaa Hai Sansaar ||	The world is tied to birth and death.	(ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਵਾਸਤੇ) ਜਗਤ ਜਨਮ ਮਰਨ (ਦਾ ਗੇੜ ਹੀ) ਹੈ।
16707	364	ਮਨਮੁਖੁ ਅਚੇਤੁ ਮਾਇਆ ਮੋਹੁ ਗੁਬਾਰੁ॥		Manamukh Achaeth Maaeiaa Mohu Gubaar ||	The unconscious, self-willed manmukh is enveloped in the darkness of Maya and emotional attachment.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਪਰਮਾਤਮਾ ਦੀ ਯਾਦ ਵਲੋਂ) ਗ਼ਾਫ਼ਿਲ ਰਹਿੰਦਾ ਹੈ, ਮਾਇਆ ਦਾ ਮੋਹ-ਰੂਪ ਘੁੱਪ ਹਨੇਰਾ (ਉਸ ਨੂੰ ਕੁਝ ਸੁੱਝਣ ਨਹੀਂ ਦੇਂਦਾ।)

16708	364	ਪਰ ਨਿੰਦਾ ਬਹੁ ਕੂੜੁ ਕਮਾਵੈ॥		Par Nindhaa Bahu Koorr Kamaavai ||	He slanders others, and practices utter falsehood.	ਉਹ ਸਦਾ ਪਰਾਈ ਨਿੰਦਾ ਕਰਦਾ ਰਹਿੰਦਾ ਹੈ, ਉਹ ਨਿਰਾ ਝੂਠ-ਫ਼ਰੇਬ ਹੀ ਕਮਾਂਦਾ ਰਹਿੰਦਾ ਹੈ,
16709	364	ਵਿਸਟਾ ਕਾ ਕੀੜਾ ਵਿਸਟਾ ਮਾਹਿ ਸਮਾਵੈ॥੩॥		Visattaa Kaa Keerraa Visattaa Maahi Samaavai ||3||	He is a maggot in manure, and into manure he is absorbed. ||3||	(ਪਰਾਈ ਨਿੰਦਾ ਕੂੜ-ਠੱਗੀ ਵਿਚ ਹੀ ਉਹ ਇਉਂ ਮਸਤ ਰਹਿੰਦਾ ਹੈ ਜਿਵੇਂ) ਗੰਦ ਦਾ ਕੀੜਾ ਗੰਦ ਵਿਚ ਹੀ ਟਿਕਿਆ ਰਹਿੰਦਾ ਹੈ (ਤੇ ਉਸ ਵਿਚੋਂ ਬਾਹਰ ਨਿਕਲਣਾ ਪਸੰਦ ਨਹੀਂ ਕਰਦਾ) ॥੩॥
16710	364	ਸਤਸੰਗਤਿ ਮਿਲਿ ਸਭ ਸੋਝੀ ਪਾਏ॥		Sathasangath Mil Sabh Sojhee Paaeae ||	Joining the True Congregation, the Sat Sangat, total understanding is obtained.	ਜੇਹੜਾ ਮਨੁੱਖ ਸਾਧ ਸੰਗਤ ਵਿਚ ਮਿਲ ਕੇ (ਸਹੀ ਜੀਵਨ ਦੀ) ਸਾਰੀ ਸੂਝ ਹਾਸਲ ਕਰਦਾ ਹੈ,
16711	364	ਗੁਰ ਕਾ ਸਬਦੁ ਹਰਿ ਭਗਤਿ ਦ੍ਰਿੜਾਏ॥		Gur Kaa Sabadh Har Bhagath Dhrirraaeae ||	Through the Word of the Guru's Shabad, devotional love for the Lord is implanted.	ਜੇਹੜਾ ਗੁਰੂ ਦੇ ਸ਼ਬਦ ਨੂੰ (ਹਿਰਦੇ ਵਿਚ ਵਸਾ ਕੇ) ਪਰਮਾਤਮਾ ਦੀ ਭਗਤੀ ਨੂੰ (ਆਪਣੇ ਅੰਦਰ) ਪੱਕੀ ਤਰ੍ਹਾਂ ਟਿਕਾਂਦਾ ਹੈ,
16712	364	ਭਾਣਾ ਮੰਨੇ ਸਦਾ ਸੁਖੁ ਹੋਇ॥		Bhaanaa Mannae Sadhaa Sukh Hoe ||	One who surrenders to the Lord's Will is peaceful forever.	ਜੇਹੜਾ ਪਰਮਾਤਮਾ ਦੀ ਰਜ਼ਾ ਨੂੰ (ਮਿੱਠਾ ਕਰ ਕੇ) ਮੰਨਦਾ ਹੈ,

16713	364	ਨਾਨਕ ਸਚਿ ਸਮਾਵੈ ਸੋਇ॥੪॥੧੦॥੪੯॥		Naanak Sach Samaavai Soe ||4||10||49||	O Nanak, he is absorbed into the True Lord. ||4||10||49||	ਹੇ ਨਾਨਕ! ਉਸ ਨੂੰ ਸਦਾ ਆਤਮਕ ਆਨੰਦ ਮਿਲਿਆ ਰਹਿੰਦਾ ਹੈ, ਉਹ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿੰਦਾ ਹੈ ॥੪॥੧੦॥੪੯॥
16714	364	ਆਸਾ ਮਹਲਾ ੩ ਪੰਚਪਦੇ॥		Aasaa Mehalaa 3 Panchapadhae ||	Aasaa, Third Mehl, Panch-Padas:	
16715	364	ਸਬਦਿ ਮਰੈ ਤਿਸੁ ਸਦਾ ਅਨੰਦ॥		Sabadh Marai This Sadhaa Anandh ||	One who dies in the Word of the Shabad, finds eternal bliss.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ (ਮਾਇਆ ਦੇ ਮੋਹ ਵਲੋਂ) ਮਰਦਾ ਹੈ ਉਸ ਨੂੰ ਸਦਾ ਆਤਮਕ ਆਨੰਦ ਮਿਲਦਾ ਹੈ।
16716	364	ਸਤਿਗੁਰ ਭੇਟੇ ਗੁਰ ਗੋਬਿੰਦ॥	(ਭੇਟੇ) ਮਿਲੇ	Sathigur Bhaettae Gur Gobindh ||	He is united with the True Guru, the Guru, the Lord God.	ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਪਰਮਾਤਮਾ ਦਾ ਆਸਰਾ ਲੈਂਦਾ ਹੈ,
16717	364	ਨਾ ਫਿਰਿ ਮਰੈ ਨ ਆਵੈ ਜਾਇ॥		Naa Fir Marai N Aavai Jaae ||	He does not die any more, and he does not come or go.	ਉਹ ਮੁੜ ਆਤਮਕ ਮੌਤੇ ਨਹੀਂ ਮਰਦਾ, ਉਹ ਮੁੜ ਮੁੜ ਜੰਮਦਾ ਮਰਦਾ ਨਹੀਂ।
16718	364	ਪੂਰੇ ਗੁਰ ਤੇ ਸਾਚਿ ਸਮਾਇ॥੧॥		Poorae Gur Thae Saach Samaae ||1||	Through the Perfect Guru, he merges with the True Lord. ||1||	ਪੂਰੇ ਗੁਰੂ ਦੀ ਕਿਰਪਾ ਨਾਲ ਉਹ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿੰਦਾ ਹੈ ॥੧॥
16719	364	ਜਿਨ੍ਹ ਕਉ ਨਾਮੁ ਲਿਖਿਆ ਧੁਰਿ ਲੇਖੁ॥		Jinh Ko Naam Likhiaa Dhhur Laekh ||	One who has the Naam, the Name of the Lord, written in his pre-ordained destiny,	(ਹੇ ਭਾਈ! ਪਿਛਲੇ ਕੀਤੇ ਕਰਮਾਂ ਅਨੁਸਾਰ ਪਰਮਾਤਮਾ ਨੇ) ਜਿਨ੍ਹਾਂ ਦੇ ਮੱਥੇ ਤੇ ਨਾਮ-ਸਿਮਰਨ ਦਾ ਲੇਖ ਲਿਖ ਦਿੱਤਾ,

16720	364	ਤੇ ਅਨ ਦਿਨੁ ਨਾਮੁ ਸਦਾ ਧਿਆਵਹਿ ਗੁਰ ਪੂਰੇ ਤੇ ਭਗਤਿ ਵਿਸੇਖੁ॥੧॥ਰਹਾਉ॥	(ਵਿਸੇਖੁ) ਹੋਰ ਵਧੀਆ	Thae Anadhin Naam Sadhaa Dhhiaavehi Gur Poorae Thae Bhagath Visaekh ||1|| Rehaao ||	Night and day, meditates forever on the Naam; he obtains the wondrous blessing of devotional love from the Perfect Guru. ||1||Pause||	ਉਹ ਮਨੁੱਖ ਹਰ ਵੇਲੇ, ਸਦਾ ਹੀ ਨਾਮ ਸਿਮਰਦੇ ਹਨ, ਪੂਰੇ ਗੁਰੂ ਪਾਸੋਂ ਉਹਨਾਂ ਨੂੰ ਪ੍ਰਭੂ-ਭਗਤੀ ਦਾ ਟਿੱਕਾ (ਮੱਥੇ ਉਤੇ) ਮਿਲਦਾ ਹੈ ॥੧॥ ਰਹਾਉ ॥
16721	364	ਜਿਨ੍ ਕਉ ਹਰਿ ਪ੍ਰਭੁ ਲਏ ਮਿਲਾਇ॥		Jinh Ko Har Prabh Leae Milaae ||	Those, whom the Lord God has blended with Himself	(ਹੇ ਭਾਈ!) ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ,
16722	364	ਤਿਨ੍ ਕੀ ਗਹਣਗਤਿ ਕਹੀ ਨ ਜਾਇ॥	(ਗਹਣ-ਗਤਿ) ਪ੍ਰਾਪਤੀ ਦੀ ਅਵਸਥਾ	Thinh Kee Gehan Gath Kehee N Jaae ||	Their sublime state cannot be described.	ਉਹਨਾਂ ਦੀ ਡੂੰਘੀ ਆਤਮਕ ਅਵਸਥਾ ਬਿਆਨ ਨਹੀਂ ਕੀਤੀ ਜਾ ਸਕਦੀ।
16723	364	ਪੂਰੈ ਸਤਿਗੁਰ ਦਿਤੀ ਵਡਿਆਈ॥		Poorai Sathigur Dhithee Vaddiaaee ||	The Perfect True Guru has given the Glorious Greatness,	ਜਿਨ੍ਹਾਂ ਨੂੰ ਪੂਰੇ ਗੁਰੂ ਨੇ (ਪ੍ਰਭੂ-ਚਰਨਾਂ ਵਿਚ ਜੁੜਨ ਦੀ ਇਹ) ਵਡਿਆਈ ਬਖ਼ਸ਼ੀ ਉਹਨਾਂ ਨੂੰ ਉੱਚੀ ਆਤਮਕ ਅਵਸਥਾ ਪ੍ਰਾਪਤ ਹੋ ਗਈ,
16724	364	ਊਤਮ ਪਦਵੀ ਹਰਿ ਨਾਮਿ ਸਮਾਈ॥੨॥		Ootham Padhavee Har Naam Samaaee ||2||	Of the most exalted order, and I am absorbed into the Lord's Name. ||2||	ਪਰਮਾਤਮਾ ਦੇ ਨਾਮ ਵਿਚ ਉਹਨਾਂ ਦੀ ਹਰ ਵੇਲੇ ਲੀਨਤਾ ਹੋ ਗਈ ॥੨॥

16725	364	ਜੋ ਕਿਛੁ ਕਰੇ ਸੁ ਆਪੇ ਆਪਿ॥		Jo Kishh Karae S Aapae Aap ||	Whatever the Lord does, He does all by Himself.	'ਜੋ ਕੁਝ ਕਰਦਾ ਹੈ ਪਰਮਾਤਮਾ ਆਪੇ ਹੀ ਕਰਦਾ ਹੈ।
16726	364	ਏਕ ਘੜੀ ਮਹਿ ਥਾਪਿ ਉਥਾਪਿ॥		Eaek Gharree Mehi Thhaap Outhhaap ||	In an instant, He establishes, and disestablishes.	ਪਰਮਾਤਮਾ ਇਕ ਘੜੀ ਵਿਚ ਪੈਦਾ ਕਰ ਕੇ ਤੁਰਤ ਨਾਸ ਭੀ ਕਰ ਸਕਦਾ ਹੈ'-
16727	364	ਕਹਿ ਕਹਿ ਕਹਣਾ ਆਖਿ ਸੁਣਾਏ॥		Kehi Kehi Kehanaa Aakh Sunaaeae ||	By merely speaking, talking, shouting and preaching about the Lord,	ਜੇਹੜਾ ਮਨੁੱਖ ਮੁੜ ਮੁੜ ਇਹੀ ਆਖ ਕੇ ਲੋਕਾਂ ਨੂੰ ਸੁਣਾ ਦੇਂਦਾ ਹੈ (ਪਰ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਸਿਮਰਨ ਕਦੇ ਨਹੀਂ ਕਰਦਾ, ਅਜੇਹਾ ਮਨੁੱਖ)
16728	364	ਜੇ ਸਉ ਘਾਲੇ ਥਾਇ ਨ ਪਾਏ॥੩॥		Jae So Ghaalae Thhaae N Paaeae ||3||	Even hundreds of times, the mortal is not approved. ||3||	ਜੇ ਇਹੋ ਜਿਹੀ (ਨਿਰੀ ਹੋਰਨਾਂ ਨੂੰ ਕਹਣ ਦੀ) ਸੌ ਘਾਲਣਾ ਭੀ ਘਾਲੇ ਤਾਂ ਭੀ ਉਸ ਦੀ ਅਜੇਹੀ ਕੋਈ ਮੇਹਨਤ (ਪਰਮਾਤਮਾ ਦੇ ਦਰ ਤੇ) ਕਬੂਲ ਨਹੀਂ ਪੈਂਦੀ ॥੩॥
16729	364	ਜਿਨ੍ ਕੈ ਪੋਤੈ ਪੁੰਨੁ ਤਿਨ੍ਾ ਗੁਰੂ ਮਿਲਾਏ॥	(ਪੋਤੈ) ਖਜ਼ਾਨੇ	Jinh Kai Pothai Punn Thinhaa Guroo Milaaeae ||	The Guru meets with those, who take virtue as their treasure;	(ਪਿਛਲੇ ਕੀਤੇ ਕਰਮਾਂ ਅਨੁਸਾਰ) ਜਿਨ੍ਹਾਂ ਦੇ ਪੱਲੇ (ਸਿਮਰਨ ਦੇ) ਚੰਗੇ ਸੰਸਕਾਰ ਹਨ, ਉਹਨਾਂ ਨੂੰ ਪਰਮਾਤਮਾ ਗੁਰੂ ਮਿਲਾਂਦਾ ਹੈ,
16730	364	ਸਚੁ ਬਾਣੀ ਗੁਰੁ ਸਬਦੁ ਸੁਣਾਏ॥		Sach Baanee Gur Sabadh Sunaaeae ||	They listen to the True Word of the Guru's Bani, the Shabad.	ਗੁਰੂ ਉਹਨਾਂ ਨੂੰ ਸਿਫ਼ਤਿ-ਸਾਲਾਹ ਦੀ ਬਾਣੀ ਸੁਣਾਂਦਾ ਹੈ। ਸਦਾ-ਥਿਰ ਪ੍ਰਭੂ ਦਾ ਨਾਮ ਸੁਣਾਂਦਾ ਹੈ, ਸਿਫ਼ਤਿ-ਸਾਲਾਹ ਦਾ ਸ਼ਬਦ ਸੁਣਾਂਦਾ ਹੈ।

16731	364	ਜਹਾਂ ਸਬਦੁ ਵਸੈ ਤਹਾਂ ਦੁਖੁ ਜਾਏ॥		Jehaan Sabadh Vasai Thehaan Dhukh Jaaeae ||	Pain departs, from that place where the Shabad abides.	(ਹੇ ਭਾਈ!) ਜਿਸ ਹਿਰਦੇ ਵਿਚ ਗੁਰੂ ਦਾ ਸ਼ਬਦ ਵੱਸਦਾ ਹੈ, ਉਥੋਂ ਹਰੇਕ ਕਿਸਮ ਦਾ ਦੁੱਖ ਦੂਰ ਹੋ ਜਾਂਦਾ ਹੈ।
16732	364	ਗਿਆਨਿ ਰਤਨਿ ਸਾਚੈ ਸਹਜਿ ਸਮਾਏ॥੪॥		Giaan Rathan Saachai Sehaj Samaaeae ||4||	By the jewel of spiritual wisdom, one is easily absorbed into the True Lord. ||4||	ਗੁਰੂ ਦੇ ਬਖ਼ਸ਼ੇ ਗਿਆਨ-ਰਤਨ ਦੀ ਬਰਕਤਿ ਨਾਲ ਮਨੁੱਖ ਸਦਾ-ਥਿਰ ਪਰਮਾਤਮਾ ਵਿਚ ਜੁੜਿਆ ਰਹਿੰਦਾ ਹੈ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ॥੪॥
16733	364	ਨਾਵੈ ਜੇਵਡੁ ਹੋਰੁ ਧਨੁ ਨਾਹੀ ਕੋਇ॥		Naavai Jaevadd Hor Dhhan Naahee Koe ||	No other wealth is as great as the Naam.	(ਹੇ ਭਾਈ!) ਪਰਮਾਤਮਾ ਦੇ ਨਾਮ ਦੇ ਬਰਾਬਰ ਦਾ ਹੋਰ ਕੋਈ ਧਨ ਨਹੀਂ ਹੈ
16734	364	ਜਿਸ ਨੋ ਬਖਸੇ ਸਾਚਾ ਸੋਇ॥		Jis No Bakhasae Saachaa Soe ||	It is bestowed only by the True Lord.	(ਪਰ ਇਹ ਧਨ ਸਿਰਫ਼ ਉਸ ਮਨੁੱਖ ਨੂੰ ਮਿਲਦਾ ਹੈ) ਜਿਸ ਨੂੰ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਆਪ ਬਖ਼ਸ਼ਦਾ ਹੈ।
16735	364	ਪੂਰੈ ਸਬਦਿ ਮੰਨਿ ਵਸਾਏ॥		Poorai Sabadh Mann Vasaaeae ||	Through the Perfect Word of the Shabad, it abides in the mind.	ਪੂਰੇ ਗੁਰੂ ਦੇ ਸ਼ਬਦ ਦੀ ਸਹਾਇਤਾ ਨਾਲ ਉਹ ਮਨੁੱਖ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਈ ਰੱਖਦਾ ਹੈ।
16736	364	ਨਾਨਕ ਨਾਮਿ ਰਤੇ ਸੁਖੁ ਪਾਏ॥੫॥੧੧॥੫੦॥	ਰੱਤੇ	Naanak Naam Rathae Sukh Paaeae ||5||11||50||	O Nanak, imbued with the Naam, peace is obtained. ||5||11||50||	ਹੇ ਨਾਨਕ! ਪਰਮਾਤਮਾ ਦੇ ਨਾਮ ਵਿਚ ਰੰਗੀਜ ਕੇ ਮਨੁੱਖ (ਸਦਾ) ਆਤਮਕ ਆਨੰਦ ਮਾਣਦਾ ਹੈ ॥੫॥੧੧॥੫੦॥

16737	364	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
16738	364	ਨਿਰਤਿ ਕਰੇ ਬਹੁ ਵਾਜੇ ਵਜਾਏ॥	(ਨਿਰਤਿ) ਨਾਚ	Nirath Karae Bahu Vaajae Vajaaeae ||	One may dance and play numerous instruments;	(ਮਨੁੱਖ ਜੇ ਭਗਤੀ ਵਜੋਂ) ਨਾਚ ਕਰਦਾ ਹੈ ਤੇ ਕਈ ਸਾਜ ਭੀ ਵਜਾਂਦਾ ਹੈ,
16739	364	ਇਹੁ ਮਨੁ ਅੰਧਾ ਬੋਲਾ ਹੈ ਕਿਸੁ ਆਖਿ ਸੁਣਾਏ॥	ਬੋਲ਼ਾ	Eihu Man Andhhaa Bolaa Hai Kis Aakh Sunaaeae ||	But this mind is blind and deaf, so for whose benefit is this speaking and preaching?	ਤਾਂ ਭੀ ਉਹ ਕਿਸੇ ਨੂੰ ਭੀ ਆਖ ਕੇ ਨਹੀਂ ਸੁਣਾ ਰਿਹਾ (ਕਿਉਂਕਿ ਉਹ ਤਾਂ ਆਪ ਹੀ ਨਹੀਂ ਸੁਣ ਰਿਹਾ)। ਉਸ ਦਾ ਆਪਣਾ ਮਨ ਹੀ (ਮਾਇਆ ਦੇ ਮੋਹ ਵਿਚ) ਅੰਨ੍ਹਾ ਤੇ ਬੋਲਾ ਹੋਇਆ ਪਿਆ ਹੈ।
16740	364	ਅੰਤਰਿ ਲੋਭੁ ਭਰਮੁ ਅਨਲਵਾਉ॥	(ਅਨਲ-ਵਾਉ) ਭੜਕੀ ਹਵਾ	Anthar Lobh Bharam Anal Vaao ||	Deep within is the fire of greed, and the dust-storm of doubt.	(ਅਜੇਹੀ ਹਾਲਤ ਵਿਚ ਉਸ ਦੇ ਅੰਦਰ ਗਿਆਨ ਦਾ) ਦੀਵਾ ਨਹੀਂ ਜਗ ਸਕਦਾ,
16741	364	ਦੀਵਾ ਬਲੈ ਨ ਸੋਝੀ ਪਾਇ॥੧॥		Dheevaa Balai N Sojhee Paae ||1||	The lamp of knowledge is not burning, and understanding is not obtained. ||1||	ਉਹ (ਸਹੀ ਜੀਵਨ ਦੀ) ਸਮਝ ਨਹੀਂ ਹਾਸਲ ਕਰ ਸਕਦਾ ॥੧॥
16742	364	ਗੁਰਮੁਖਿ ਭਗਤਿ ਘਟਿ ਚਾਨਣੁ ਹੋਇ॥		Guramukh Bhagath Ghatt Chaanan Hoe ||	The Gurmukh has the light of devotional worship within his heart.	(ਹੇ ਭਾਈ!) ਗੁਰੂ ਦੇ ਸਨਮੁਖ ਰਹਿ ਕੇ ਕੀਤੀ ਹੋਈ ਭਗਤੀ ਦੀ ਬਰਕਤਿ ਨਾਲ ਹਿਰਦੇ ਵਿਚ (ਆਤਮਕ ਗਿਆਨ ਦਾ) ਚਾਨਣ ਹੋ ਜਾਂਦਾ ਹੈ।

16743	364	ਆਪੁ ਪਛਾਣਿ ਮਿਲੈ ਪ੍ਰਭੁ ਸੋਇ॥੧॥ਰਹਾਉ॥		Aap Pashhaan Milai Prabh Soe ||1|| Rehaao ||	Understanding his own self, he meets God. ||1||Pause||	(ਇਸ ਭਗਤੀ ਨਾਲ ਮਨੁੱਖ) ਆਪਣੇ ਆਤਮਕ ਜੀਵਨ ਨੂੰ ਪਰਖਦਾ ਰਹਿੰਦਾ ਹੈ (ਤੇ ਮਨੁੱਖ ਨੂੰ) ਉਹ ਪ੍ਰਭੂ ਮਿਲ ਪੈਂਦਾ ਹੈ ॥੧॥ ਰਹਾਉ ॥
16744	364	ਗੁਰਮੁਖਿ ਨਿਰਤਿ ਹਰਿ ਲਾਗੈ ਭਾਉ॥		Guramukh Nirath Har Laagai Bhaao ||	The Gurmukh's dance is to embrace love for the Lord;	ਗੁਰੂ ਦੇ ਸਨਮੁਖ ਰਹਿਣਾ ਹੀ ਨਾਚ ਹੈ (ਇਸ ਤਰ੍ਹਾਂ) ਪਰਮਾਤਮਾ ਨਾਲ ਪਿਆਰ ਬਣਦਾ ਹੈ,
16745	364	ਪੂਰੇ ਤਾਲ ਵਿਚਹੁ ਆਪੁ ਗਵਾਇ॥		Poorae Thaal Vichahu Aap Gavaae ||	To the beat of the drum, he sheds his ego from within.	(ਇਸ ਤਰ੍ਹਾਂ ਮਨੁੱਖ ਆਪਣੇ) ਅੰਦਰੋਂ ਹਉਮੈ ਦੂਰ ਕਰਦਾ ਹੈ ਇਹੀ ਹੈ ਤਾਲ ਸਿਰ ਨਾਚ ਕਰਨਾ।
16746	364	ਮੇਰਾ ਪ੍ਰਭੁ ਸਾਚਾ ਆਪੇ ਜਾਣੁ॥		Maeraa Prabh Saachaa Aapae Jaan ||	My God is True; He Himself is the Knower of all.	(ਜੋ ਮਨੁੱਖ ਇਹ ਨਾਚ ਨੱਚਦਾ ਹੈ) ਸਦਾ-ਥਿਰ ਪ੍ਰਭੂ ਆਪ ਹੀ ਉਸ ਦਾ ਮਿੱਤਰ ਬਣ ਜਾਂਦਾ ਹੈ,
16747	364	ਗੁਰ ਕੈ ਸਬਦਿ ਅੰਤਰਿ ਬ੍ਰਹਮੁ ਪਛਾਣੁ॥੨॥		Gur Kai Sabadh Anthar Breham Pashhaan ||2||	Through the Word of the Guru's Shabad, recognize the Creator Lord within yourself. ||2||	ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦੇ ਅੰਦਰ ਵੱਸਦਾ ਪ੍ਰਭੂ ਉਸ ਦਾ ਪਛਾਣੂ ਹੋ ਜਾਂਦਾ ਹੈ ॥੨॥
16748	364	ਗੁਰਮੁਖਿ ਭਗਤਿ ਅੰਤਰਿ ਪ੍ਰੀਤਿ ਪਿਆਰੁ॥		Guramukh Bhagath Anthar Preeth Piaar ||	The Gurmukh is filled with devotional love for the Beloved Lord.	ਗੁਰੂ ਦੇ ਸਨਮੁਖ ਰਹਿ ਕੇ ਕੀਤੀ ਭਗਤੀ ਨਾਲ ਮਨੁੱਖ ਦੇ ਅੰਦਰ ਪ੍ਰੀਤਿ ਪੈਦਾ ਹੁੰਦੀ ਹੈ ਪਿਆਰ ਪੈਦਾ ਹੁੰਦਾ ਹੈ।
16749	364	ਗੁਰ ਕਾ ਸਬਦੁ ਸਹਜਿ ਵੀਚਾਰੁ॥		Gur Kaa Sabadh Sehaj Veechaar ||	He intuitively reflects upon the Word of the Guru's Shabad.	ਗੁਰੂ ਦਾ ਸ਼ਬਦ ਮਨੁੱਖ ਨੂੰ ਆਤਮਕ ਅਡੋਲਤਾ ਵਿਚ ਲੈ ਜਾਂਦਾ ਹੈ (ਪ੍ਰਭੂ ਦੇ ਗੁਣਾਂ ਦਾ) ਵਿਚਾਰ ਬਖ਼ਸ਼ਦਾ ਹੈ।

16750	364	ਗੁਰਮੁਖਿ ਭਗਤਿ ਜੁਗਤਿ ਸਚੁ ਸੋਇ॥		Guramukh Bhagath Jugath Sach Soe ||	For the Gurmukh, loving devotional worship is the way to the True Lord.	ਗੁਰੂ ਦੇ ਸਨਮੁਖ ਰਹਿ ਕੇ ਕੀਤੀ ਹੋਈ ਭਗਤੀ ਹੀ (ਸਹੀ) ਤਰੀਕਾ ਹੈ (ਜਿਸ ਨਾਲ) ਉਹ ਪਰਮਾਤਮਾ ਮਿਲਦਾ ਹੈ।
16751	364	ਪਾਖੰਡਿ ਭਗਤਿ ਨਿਰਤਿ ਦੁਖੁ ਹੋਇ॥੩॥		Paakhandd Bhagath Nirath Dhukh Hoe ||3||	But the dances and the worship of the hypocrites bring only pain. ||3||	ਵਿਖਾਵੇ ਦੀ ਭਗਤੀ ਦੇ ਨਾਚ ਦੀ ਰਾਹੀਂ ਦੁੱਖ ਹੁੰਦਾ ਹੈ ॥੩॥
16752	365	ਏਹਾ ਭਗਤਿ ਜਨੁ ਜੀਵਤ ਮਰੈ॥		Eaehaa Bhagath Jan Jeevath Marai ||	True Devotion is to remain dead while yet alive.	ਅਸਲ ਭਗਤੀ ਇਹੀ ਹੈ ਕਿ (ਜਿਸ ਦੀ ਬਰਕਤਿ ਨਾਲ) ਮਨੁੱਖ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਮਾਇਆ ਦੇ ਮੋਹ ਵਲੋਂ ਅਛੋਹ ਹੋ ਜਾਂਦਾ ਹੈ,
16753	365	ਗੁਰ ਪਰਸਾਦੀ ਭਵਜਲੁ ਤਰੈ॥		Gur Parasaadhee Bhavajal Tharai ||	By Guru's Grace, one crosses over the terrible world-ocean.	ਤੇ ਗੁਰੂ ਦੀ ਕਿਰਪਾ ਨਾਲ ਸੰਸਾਰ-ਸਮੁੰਦਰ (ਦੀਆਂ ਵਿਕਾਰਾਂ ਦੀਆਂ ਲਹਿਰਾਂ) ਤੋਂ ਪਾਰ ਲੰਘ ਜਾਂਦਾ ਹੈ।
16754	365	ਗੁਰ ਕੈ ਬਚਨਿ ਭਗਤਿ ਥਾਇ ਪਾਇ॥		Gur Kai Bachan Bhagath Thhaae Paae ||	Through the Guru's Teachings, one's devotion is accepted,	ਗੁਰੂ ਦੇ ਉਪਦੇਸ਼ ਅਨੁਸਾਰ ਕੀਤੀ ਹੋਈ ਭਗਤੀ (ਪ੍ਰਭੂ ਦੇ ਦਰ ਤੇ) ਪਰਵਾਨ ਹੁੰਦੀ ਹੈ,
16755	365	ਹਰਿ ਜੀਉ ਆਪਿ ਵਸੈ ਮਨਿ ਆਇ॥੪॥		Har Jeeo Aap Vasai Man Aae ||4||	And then, the Dear Lord Himself comes to dwell in the mind. ||4||	ਪ੍ਰਭੂ ਆਪ ਹੀ ਮਨੁੱਖ ਦੇ ਮਨ ਵਿਚ ਆ ਵੱਸਦਾ ਹੈ ॥੪॥

16756	365	ਹਰਿ ਕ੍ਰਿਪਾ ਕਰੇ ਸਤਿਗੁਰੂ ਮਿਲਾਏ॥		Har Kirapaa Karae Sathiguroo Milaaeae ||	When the Lord bestows His Mercy, He leads us to meet the True Guru.	(ਪਰ ਜੀਵ ਦੇ ਕੀਹ ਵੱਸ? ਜਿਸ ਮਨੁੱਖ ਉਤੇ) ਪਰਮਾਤਮਾ ਮੇਹਰ ਕਰਦਾ ਹੈ ਉਸ ਨੂੰ ਗੁਰੂ ਮਿਲਾਂਦਾ ਹੈ।
16757	365	ਨਿਹਚਲ ਭਗਤਿ ਹਰਿ ਸਿਉ ਚਿਤੁ ਲਾਏ॥		Nihachal Bhagath Har Sio Chith Laaeae ||	Then, one's devotion becomes steady, and the consciousness is centered upon the Lord.	(ਗੁਰੂ ਦੀ ਸਹਾਇਤਾ ਨਾਲ) ਉਹ ਨਾਹ ਡੋਲਣ ਵਾਲੀ ਭਗਤੀ ਕਰਦਾ ਹੈ ਤੇ ਪਰਮਾਤਮਾ ਨਾਲ ਆਪਣਾ ਚਿੱਤ ਜੋੜੀ ਰੱਖਦਾ ਹੈ।
16758	365	ਭਗਤਿ ਰਤੇ ਤਿਨ੍ਹ ਸਚੀ ਸੋਇ॥	(ਸੋਇ) ਸੋਭਾ	Bhagath Rathae Thinh Sachee Soe ||	Those who are imbued with Devotion have truthful reputations.	ਜੇਹੜੇ ਮਨੁੱਖ (ਪਰਮਾਤਮਾ ਦੀ) ਭਗਤੀ (ਦੇ ਰੰਗ) ਵਿਚ ਰੰਗੇ ਜਾਂਦੇ ਹਨ ਉਹਨਾਂ ਨੂੰ ਸਦਾ ਕਾਇਮ ਰਹਿਣ ਵਾਲੀ ਸੋਭਾ ਮਿਲਦੀ ਹੈ।
16759	365	ਨਾਨਕ ਨਾਮਿ ਰਤੇ ਸੁਖੁ ਹੋਇ॥੫॥੧੨॥੫੧॥		Naanak Naam Rathae Sukh Hoe ||5||12||51||	O Nanak, imbued with the Naam, the Name of the Lord, peace is obtained. ||5||12||51||	ਹੇ ਨਾਨਕ! ਪਰਮਾਤਮਾ ਦੇ ਨਾਮ-ਰੰਗ ਵਿੱਚ ਰੰਗੇ ਹੋਇਆਂ ਨੂੰ ਆਤਮਕ ਆਨੰਦ ਮਿਲਦਾ ਹੈ ॥੫॥੧੨॥੫੧॥
16760	365	ਆਸਾ ਘਰੁ ੮ ਕਾਫੀ ਮਹਲਾ ੩		Aasaa Ghar 8 Kaafee Mehalaa 3	Aasaa, Eighth House, Kaafee, Third Mehl:	ਰਾਗ ਆਸਾ, ਘਰ ੮ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ 'ਕਾਫੀ'।
16761	365	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

16762	365	ਹਰਿ ਕੈ ਭਾਣੈ ਸਤਿਗੁਰੁ ਮਿਲੈ ਸਚੁ ਸੋਝੀ ਹੋਈ॥		Har Kai Bhaanai Sathigur Milai Sach Sojhee Hoee ||	By the Pleasure of the Lord's Will one meets the True Guru and true understanding is obtained.	(ਹੇ ਭਾਈ!) ਪਰਮਾਤਮਾ ਦੀ ਰਜ਼ਾ ਅਨੁਸਾਰ ਗੁਰੂ ਮਿਲਦਾ ਹੈ (ਜਿਸ ਨੂੰ ਗੁਰੂ ਮਿਲ ਪੈਂਦਾ ਹੈ, ਉਸ ਨੂੰ) ਸਦਾ ਕਾਇਮ ਰਹਿਣ ਵਾਲਾ ਪ੍ਰਭੂ ਮਿਲ ਪੈਂਦਾ ਹੈ, (ਤੇ ਉਸ ਨੂੰ ਸਹੀ ਜੀਵਨ-ਜੁਗਤਿ ਦੀ) ਸਮਝ ਆ ਜਾਂਦੀ ਹੈ।
16763	365	ਗੁਰ ਪਰਸਾਦੀ ਮਨਿ ਵਸੈ ਹਰਿ ਬੂਝੈ ਸੋਈ॥੧॥		Gur Parasaadhee Man Vasai Har Boojhai Soee ||1||	By Guru's Grace, the Lord abides in the mind, and one comes to understand the Lord. ||1||	ਜਿਸ ਮਨੁੱਖ ਦੇ ਮਨ ਵਿਚ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਆ ਵੱਸਦਾ ਹੈ, ਉਹੀ ਮਨੁੱਖ ਪਰਮਾਤਮਾ ਨਾਲ ਸਾਂਝ ਪਾਂਦਾ ਹੈ ॥੧॥
16764	365	ਮੈ ਸਹੁ ਦਾਤਾ ਏਕੁ ਹੈ ਅਵਰੁ ਨਾਹੀ ਕੋਈ॥	(ਸਹੁ) ਖਸਮ	Mai Sahu Dhaathaa Eaek Hai Avar Naahee Koee ||	My Husband Lord, the Great Giver, is One. There is no other at all.	(ਹੇ ਭਾਈ!) ਇਕ ਪਰਮਾਤਮਾ ਹੀ ਮੇਰਾ ਖਸਮ-ਰਾਖਾ ਹੈ ਤੇ ਮੈਨੂੰ ਸਭ ਦਾਤਾਂ ਦੇਣ ਵਾਲਾ ਹੈ, ਉਸ ਤੋਂ ਬਿਨਾ ਮੇਰਾ ਹੋਰ ਕੋਈ ਨਹੀਂ ਹੈ।
16765	365	ਗੁਰ ਕਿਰਪਾ ਤੇ ਮਨਿ ਵਸੈ ਤਾ ਸਦਾ ਸੁਖੁ ਹੋਈ॥੧॥ਰਹਾਉ॥		Gur Kirapaa Thae Man Vasai Thaa Sadhaa Sukh Hoee ||1|| Rehaao ||	By Guru's merciful favor, He abides in the mind, and then, a lasting peace ensues. ||1||Pause||	ਪਰ ਗੁਰੂ ਦੀ ਮੇਹਰ ਨਾਲ ਹੀ ਉਹ ਮਨ ਵਿਚ ਵੱਸ ਸਕਦਾ ਹੈ (ਜਦੋਂ ਉਹ ਪ੍ਰਭੂ ਮਨ ਵਿਚ ਆ ਵੱਸਦਾ ਹੈ) ਤਦੋਂ ਸਦਾ ਲਈ ਆਨੰਦ ਬਣ ਜਾਂਦਾ ਹੈ ॥੧॥ ਰਹਾਉ ॥

16766	365	ਇਸੁ ਜੁਗ ਮਹਿ ਨਿਰਭਉ ਹਰਿ ਨਾਮੁ ਹੈ ਪਾਈਐ ਗੁਰ ਵੀਚਾਰਿ॥	ਜੁੱਗ	Eis Jug Mehi Nirabho Har Naam Hai Paaeeai Gur Veechaar ||	In this age, the Lord's Name is fearless; it is obtained by meditative reflection upon the Guru.	(ਹੇ ਭਾਈ!) ਇਸ ਜਗਤ ਵਿਚ ਪਰਮਾਤਮਾ ਦਾ ਨਾਮ ਹੀ ਹੈ ਜੋ (ਜਗਤ ਦੇ) ਸਾਰੇ ਡਰਾਂ ਤੋਂ ਬਚਾਉਣ ਵਾਲਾ ਹੈ, ਪਰ ਇਹ ਨਾਮ ਗੁਰੂ ਦੀ ਦੱਸੀ ਹੋਈ ਵਿਚਾਰ ਦੀ ਬਰਕਤਿ ਨਾਲ ਮਿਲਦਾ ਹੈ।
16767	365	ਬਿਨੁ ਨਾਵੈ ਜਮ ਕੈ ਵਸਿ ਹੈ ਮਨਮੁਖਿ ਅੰਧ ਗਵਾਰਿ॥੨॥	ਵੱਸਿ	Bin Naavai Jam Kai Vas Hai Manamukh Andhh Gavaar ||2||	Without the Name, the blind, foolish, self-willed manmukh is under Death's power. ||2||	ਪਰਮਾਤਮਾ ਦੇ ਨਾਮ ਤੋਂ ਬਿਨਾ ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਆਤਮਕ ਮੌਤ ਦੇ ਕਾਬੂ ਵਿਚ ਰਹਿੰਦੀ ਹੈ, ਮਾਇਆ ਦੇ ਮੋਹ ਵਿਚ ਅੰਨ੍ਹੀ ਹੋਈ ਰਹਿੰਦੀ ਹੈ ਤੇ ਮੂਰਖ ਟਿਕੀ ਰਹਿੰਦੀ ਹੈ ॥੨॥
16768	365	ਹਰਿ ਕੈ ਭਾਣੈ ਜਨੁ ਸੇਵਾ ਕਰੈ ਬੂਝੈ ਸਚੁ ਸੋਈ॥		Har Kai Bhaanai Jan Saevaa Karai Boojhai Sach Soee ||	By the Pleasure of the Lord's Will, the humble being performs His service, and understands the True Lord.	ਜੇਹੜਾ ਮਨੁੱਖ ਪਰਮਾਤਮਾ ਦੀ ਰਜ਼ਾ ਵਿਚ ਚੱਲਦਾ ਹੈ ਉਹੀ ਮਨੁੱਖ ਪਰਮਾਤਮਾ ਦੀ ਸੇਵਾ-ਭਗਤੀ ਕਰਦਾ ਹੈ ਉਹੀ ਉਸ ਸਦਾ-ਥਿਰ ਪ੍ਰਭੂ ਨੂੰ ਸਮਝਦਾ ਹੈ।
16769	365	ਹਰਿ ਕੈ ਭਾਣੈ ਸਾਲਾਹੀਐ ਭਾਣੈ ਮੰਨਿਐ ਸੁਖੁ ਹੋਈ॥੩॥		Har Kai Bhaanai Saalaaheeai Bhaanai Manniai Sukh Hoee ||3||	By the Pleasure of the Lord's Will, He is to be praised; surrendering to His Will, peace ensues. ||3||	ਪਰਮਾਤਮਾ ਦੀ ਰਜ਼ਾ ਵਿਚ ਤੁਰਿਆਂ ਹੀ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੋ ਸਕਦੀ ਹੈ। ਜੇ ਪਰਮਾਤਮਾ ਦੀ ਰਜ਼ਾ ਵਿਚ ਤੁਰੀਏ ਤਾਂ ਹੀ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ॥੩॥

16770	365	ਹਰਿ ਕੈ ਭਾਣੈ ਜਨਮੁ ਪਦਾਰਥੁ ਪਾਇਆ ਮਤਿ ਊਤਮ ਹੋਈ॥		Har Kai Bhaanai Janam Padhaarathh Paaeiaa Math Ootham Hoee ||	By the Pleasure of the Lord's Will, the prize of this human birth is obtained, and the intellect is exalted.	(ਹੇ ਭਾਈ! ਜਿਸ ਮਨੁੱਖ ਨੇ) ਪਰਮਾਤਮਾ ਦੀ ਰਜ਼ਾ ਵਿਚ ਤੁਰ ਕੇ ਮਨੁੱਖਾ ਜਨਮ ਦਾ ਮਨੋਰਥ ਹਾਸਲ ਕਰ ਲਿਆ ਉਸ ਦੀ ਅਕਲ ਵਧੀਆ ਬਣ ਗਈ।
16771	365	ਨਾਨਕ ਨਾਮੁ ਸਲਾਹਿ ਤੂੰ ਗੁਰਮੁਖਿ ਗਤਿ ਹੋਈ॥੪॥੩੯॥੧੩॥੫੨॥		Naanak Naam Salaahi Thoon Guramukh Gath Hoee ||4||39||13||52||	O Nanak, praise the Naam, the Name of the Lord; as Gurmukh, you shall be emancipated. ||4||39||13||52||	ਹੇ ਨਾਨਕ! (ਗੁਰੂ ਦੀ ਸਰਨ ਪੈ ਕੇ) ਤੂੰ ਭੀ ਪਰਮਾਤਮਾ ਦੇ ਨਾਮ ਦੀ ਵਡਿਆਈ ਕਰ। ਗੁਰੂ ਦੀ ਸਰਨ ਪਿਆਂ ਉੱਚੀ ਆਤਮਕ ਅਵਸਥਾ ਪ੍ਰਾਪਤ ਹੋ ਜਾਂਦੀ ਹੈ ॥੪॥੩੯॥੧੩॥੫੨॥
16772	365	ਆਸਾ ਮਹਲਾ ੪ ਘਰੁ ੨		Aasaa Mehalaa 4 Ghar 2	Aasaa, Fourth Mehl, Second House:	ਰਾਗ ਆਸਾ, ਘਰ ੨ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
16773	365	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
16774	365	ਤੂੰ ਕਰਤਾ ਸਚਿਆਰੁ ਮੈਡਾ ਸਾਂਈ॥		Thoon Karathaa Sachiaar Maiddaa Saanee ||	You are the True Creator, my Lord Master.	(ਹੇ ਪ੍ਰਭੂ!) ਤੂੰ (ਸਾਰੇ ਜਗਤ ਦਾ) ਰਚਨਹਾਰ ਹੈਂ, ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ (ਹੀ) ਮੇਰਾ ਖਸਮ ਹੈਂ।

16775	365	ਜੋ ਤਉ ਭਾਵੈ ਸੋਈ ਥੀਸੀ ਜੋ ਤੂੰ ਦੇਹਿ ਸੋਈ ਹਉ ਪਾਈ॥੧॥ਰਹਾਉ॥	(ਥੀਸੀ) ਹੁੰਦਾ	Jo Tho Bhaavai Soee Thheesee Jo Thoon Dhaehi Soee Ho Paaee ||1|| Rehaao ||	That which is pleasing to Your Will, comes to pass. Whatever You give, that is what I receive. ||1||Pause||	ਹੇ ਪ੍ਰਭੂ! (ਜਗਤ ਵਿਚ) ਉਹੀ ਕੁਝ ਵਰਤ ਰਿਹਾ ਹੈ ਜੋ ਤੈਨੂੰ ਚੰਗਾ ਲੱਗਦਾ ਹੈ। (ਹੇ ਪ੍ਰਭੂ!) ਮੈਂ ਉਹੀ ਕੁਝ ਹਾਸਲ ਕਰ ਸਕਦਾ ਹਾਂ ਜੋ ਕੁਝ ਤੂੰ (ਮੈਨੂੰ) ਦੇਂਦਾ ਹੈਂ ॥੧॥ ਰਹਾਉ ॥
16776	365	ਸਭ ਤੇਰੀ ਤੂੰ ਸਭਨੀ ਧਿਆਇਆ॥		Sabh Thaeree Thoon Sabhanee Dhhiaaeiaa ||	All are Yours; all meditate on You.	(ਹੇ ਪ੍ਰਭੂ!) ਸਾਰੀ ਲੁਕਾਈ ਤੇਰੀ (ਰਚੀ ਹੋਈ) ਹੈ, ਸਭ ਜੀਵਾਂ ਨੇ (ਔਖੇ ਸੌਖੇ ਵੇਲੇ) ਤੈਨੂੰ ਹੀ ਸਿਮਰਿਆ ਹੈ।
16777	365	ਜਿਸ ਨੋ ਕ੍ਰਿਪਾ ਕਰਹਿ ਤਿਨਿ ਨਾਮ ਰਤਨੁ ਪਾਇਆ॥		Jis No Kirapaa Karehi Thin Naam Rathan Paaeiaa ||	He alone, whom You bless with Your Mercy, obtains the jewel of the Naam.	ਜਿਸ ਉਤੇ ਤੂੰ ਮੇਹਰ ਕਰਦਾ ਹੈਂ ਉਸ ਮਨੁੱਖ ਨੇ ਤੇਰਾ ਨਾਮ-ਰਤਨ ਲੱਭ ਲਿਆ।
16778	365	ਗੁਰਮੁਖਿ ਲਾਧਾ ਮਨਮੁਖਿ ਗਵਾਇਆ॥	(ਲਾਧਾ) ਲੱਭਾ	Guramukh Laadhhaa Manamukh Gavaaeiaa ||	The Gurmukhs obtain it, and the self-willed manmukhs lose it.	(ਪਰ) ਲੱਭਾ ਉਸ ਨੇ ਜੋ ਗੁਰੂ ਦੀ ਸਰਨ ਪਿਆ, ਤੇ ਗਵਾਇਆ ਉਸ ਨੇ ਜੋ ਆਪਣੇ ਮਨ ਦੇ ਪਿੱਛੇ ਤੁਰਿਆ।
16779	365	ਤੁਧੁ ਆਪਿ ਵਿਛੋੜਿਆ ਆਪਿ ਮਿਲਾਇਆ॥੧॥		Thudhh Aap Vishhorriaa Aap Milaaeiaa ||1||	You Yourself separate the mortals, and You Yourself unite them. ||1||	(ਜੀਵਾਂ ਦੇ ਭੀ ਕੀਹ ਵੱਸ? ਮਨਮੁਖ ਨੂੰ) ਤੂੰ ਆਪ ਹੀ (ਆਪਣੇ ਚਰਨਾਂ ਤੋਂ) ਵਿਛੋੜ ਰੱਖਿਆ ਹੈ ਤੇ (ਗੁਰਮੁਖਿ ਨੂੰ) ਤੂੰ ਆਪ ਹੀ (ਆਪਣੇ ਚਰਨਾਂ ਵਿਚ) ਜੋੜਿਆ ਹੋਇਆ ਹੈ ॥੧॥

16780	365	ਤੂੰ ਦਰੀਆਉ ਸਭ ਤੁਝ ਹੀ ਮਾਹਿ॥	ਦਰੀਆਉ	Thoon Dhareeaao Sabh Thujh Hee Maahi ||	You are the River - all are within You.	(ਹੇ ਪ੍ਰਭੂ!) ਤੂੰ (ਜ਼ਿੰਦਗੀ ਦਾ ਇਕ ਵੱਡਾ) ਦਰੀਆ ਹੈਂ, ਸਾਰੀ ਸ੍ਰਿਸ਼ਟੀ ਤੇਰੇ ਵਿਚ (ਜੀਊ ਰਹੀ) ਹੈ,
16781	365	ਤੁਝ ਬਿਨੁ ਦੂਜਾ ਕੋਈ ਨਾਹਿ॥		Thujh Bin Dhoojaa Koee Naahi ||	Other than You, there is no one at all.	(ਤੂੰ ਆਪ ਹੀ ਆਪ ਹੈਂ) ਤੈਥੋਂ ਬਿਨਾ ਕੋਈ ਹੋਰ ਦੂਜੀ ਹਸਤੀ ਨਹੀਂ ਹੈ।
16782	365	ਜੀਅ ਜੰਤ ਸਭਿ ਤੇਰਾ ਖੇਲੁ॥		Jeea Janth Sabh Thaeraa Khael ||	All beings and creatures are your play-things.	(ਜਗਤ ਦੇ ਇਹ) ਸਾਰੇ ਜੀਅ ਜੰਤ ਤੇਰਾ (ਰਚਿਆ) ਤਮਾਸ਼ਾ ਹੈ।
16783	365	ਵਿਜੋਗਿ ਮਿਲਿ ਵਿਛੁੜਿਆ ਸੰਜੋਗੀ ਮੇਲੁ॥੨॥		Vijog Mil Vishhurriaa Sanjogee Mael ||2||	The united ones are separated, and the separated ones are re-united. ||2||	(ਤੇਰੀ ਹੀ ਧੁਰ ਦਰਗਾਹ ਤੋਂ ਮਿਲੇ) ਵਿਜੋਗ ਦੇ ਕਾਰਣ ਮਿਲਿਆ ਹੋਇਆ ਜੀਵ ਵਿਛੁੜ ਜਾਂਦਾ ਹੈ ਤੇ ਸੰਜੋਗ ਦੇ ਕਾਰਨ ਮੁੜ ਮਿਲਾਪ ਹਾਸਲ ਕਰ ਲੈਂਦਾ ਹੈ ॥੨॥
16784	365	ਜਿਸ ਨੋ ਤੂ ਜਾਣਾਇਹਿ ਸੋਈ ਜਨੁ ਜਾਣੈ॥	ਜਾ-ਣਾ-ਇਹਿ	Jis No Thoo Jaanaaeihi Soee Jan Jaanai ||	That humble being, whom You inspire to understand, understands;	(ਹੇ ਪ੍ਰਭੂ!) ਜਿਸ ਮਨੁੱਖ ਨੂੰ ਤੂੰ ਸਮਝ ਬਖ਼ਸ਼ਦਾ ਹੈਂ ਉਹੀ ਮਨੁੱਖ (ਜੀਵਨ-ਮਨੋਰਥ ਨੂੰ) ਸਮਝਦਾ ਹੈ,
16785	365	ਹਰਿ ਗੁਣ ਸਦ ਹੀ ਆਖਿ ਵਖਾਣੈ॥	(ਵਖਾਣੈ) ਬਿਆਨ ਕਰਦਾ	Har Gun Sadh Hee Aakh Vakhaanai ||	He continually speaks and chants the Glorious Praises of the Lord.	ਤੇ ਉਹ ਮਨੁੱਖ ਹਰਿ-ਪ੍ਰਭੂ ਦੇ ਗੁਣ ਸਦਾ ਆਖ ਕੇ ਬਿਆਨ ਕਰਦਾ ਹੈ।
16786	365	ਜਿਨਿ ਹਰਿ ਸੇਵਿਆ ਤਿਨਿ ਸੁਖੁ ਪਾਇਆ॥		Jin Har Saeviaa Thin Sukh Paaeiaa ||	One who serves the Lord, obtains peace.	(ਹੇ ਭਾਈ!) ਜਿਸ ਮਨੁੱਖ ਨੇ ਪਰਮਾਤਮਾ ਦੀ ਸੇਵਾ-ਭਗਤੀ ਕੀਤੀ ਉਸ ਨੇ ਆਤਮਕ ਆਨੰਦ ਮਾਣ ਲਿਆ;

16787	365	ਸਹਜੇ ਹੀ ਹਰਿ ਨਾਮਿ ਸਮਾਇਆ॥੩॥		Sehajae Hee Har Naam Samaaeiaa ||3||	He is easily absorbed in the Lord's Name. ||3||	ਉਹ ਮਨੁੱਖ (ਸਿਮਰਨ-ਭਗਤੀ ਦੇ ਕਾਰਨ) ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਵਿਚ ਲੀਨ ਹੋ ਗਿਆ ॥੩॥
16788	365	ਤੂ ਆਪੇ ਕਰਤਾ ਤੇਰਾ ਕੀਆ ਸਭੁ ਹੋਇ॥		Thoo Aapae Karathaa Thaeraa Keeaa Sabh Hoe ||	You Yourself are the Creator; by Your doing, all things come to be.	(ਹੇ ਪ੍ਰਭੂ!) ਤੂੰ ਆਪ ਹੀ (ਜਗਤ ਦਾ) ਰਚਨ ਵਾਲਾ ਹੈਂ। (ਜਗਤ ਵਿਚ) ਸਭ ਕੁਝ ਤੇਰਾ ਕੀਤਾ ਹੀ ਹੋ ਰਿਹਾ ਹੈ,
16789	365	ਤੁਧੁ ਬਿਨੁ ਦੂਜਾ ਅਵਰੁ ਨ ਕੋਇ॥		Thudhh Bin Dhoojaa Avar N Koe ||	Without You, there is no other at all.	ਤੈਥੋਂ ਬਿਨਾ ਕੋਈ ਹੋਰ ਕੁਝ ਕਰਨ ਵਾਲਾ ਨਹੀਂ ਹੈ।
16790	365	ਤੂ ਕਰਿ ਕਰਿ ਵੇਖਹਿ ਜਾਣਹਿ ਸੋਇ॥		Thoo Kar Kar Vaekhehi Jaanehi Soe ||	You watch over the creation, and understand it.	ਤੂੰ ਆਪ ਹੀ (ਜਗਤ-ਰਚਨਾ) ਕਰ ਕਰ ਕੇ (ਸਭ ਦੀ) ਸੰਭਾਲ ਕਰਦਾ ਹੈਂ, ਤੂੰ ਆਪ ਹੀ ਇਸ ਸਾਰੇ (ਭੇਤ) ਨੂੰ ਜਾਣਦਾ ਹੈਂ।
16791	365	ਜਨ ਨਾਨਕ ਗੁਰਮੁਖਿ ਪਰਗਟੁ ਹੋਇ॥੪॥੧॥੫੩॥		Jan Naanak Guramukh Paragatt Hoe ||4||1||53||	O servant Nanak, the Lord is revealed to the Gurmukh. ||4||1||53||	ਹੇ ਦਾਸ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੂੰ ਇਹ ਸਾਰੀ ਗੱਲ ਸਮਝ ਵਿਚ ਆ ਜਾਂਦੀ ਹੈ ॥੪॥੧॥੫੩॥
16792	366	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

16793	366	ਰਾਗੁ ਆਸਾ ਘਰੁ ੨ ਮਹਲਾ ੪॥		Raag Aasaa Ghar 2 Mehalaa 4 ||	Raag Aasaa, Second House, Fourth Mehl:	ਰਾਗ ਆਸਾ, ਘਰ ੨ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
16794	366	ਕਿਸ ਹੀ ਧੜਾ ਕੀਆ ਮਿਤ੍ਰ ਸੁਤ ਨਾਲਿ ਭਾਈ॥	(ਧੜਾ) ਪੱਖ। ਸੁੱਤ	Kis Hee Dhharraa Keeaa Mithr Suth Naal Bhaaee ||	Some form alliances with friends, children and siblings.	ਕਿਸੇ ਮਨੁੱਖ ਨੇ ਆਪਣੇ ਮਿੱਤਰ ਨਾਲ ਪੁੱਤਰ ਨਾਲ ਭਰਾ ਨਾਲ ਸਾਥ ਗੰਢਿਆ ਹੋਇਆ ਹੈ,
16795	366	ਕਿਸ ਹੀ ਧੜਾ ਕੀਆ ਕੁੜਮ ਸਕੇ ਨਾਲਿ ਜਵਾਈ॥		Kis Hee Dhharraa Keeaa Kurram Sakae Naal Javaaee ||	Some form alliances with in-laws and relatives.	ਕਿਸੇ ਨੇ ਆਪਣੇ ਸੱਕੇ ਕੁੜਮ ਨਾਲ ਜਵਾਈ ਨਾਲ ਧੜਾ ਬਣਾਇਆ ਹੋਇਆ ਹੈ,
16796	366	ਕਿਸ ਹੀ ਧੜਾ ਕੀਆ ਸਿਕਦਾਰ ਚਉਧਰੀ ਨਾਲਿ ਆਪਣੈ ਸੁਆਈ॥	(ਸਿੱਕਦਾਰ) ਸਰਦਾਰ। (ਸੁਆਈ) ਸੁਆਰਥ ਲਈ	Kis Hee Dhharraa Keeaa Sikadhaar Choudhharee Naal Aapanai Suaaee ||	Some form alliances with chiefs and leaders for their own selfish motives.	ਕਿਸੇ ਮਨੁੱਖ ਨੇ ਆਪਣੀ ਗ਼ਰਜ਼ ਦੀ ਖ਼ਾਤਰ (ਪਿੰਡ ਦੇ) ਸਰਦਾਰ ਨਾਲ ਚੌਧਰੀ ਨਾਲ ਧੜਾ ਬਣਾਇਆ ਹੋਇਆ ਹੈ;
16797	366	ਹਮਾਰਾ ਧੜਾ ਹਰਿ ਰਹਿਆ ਸਮਾਈ॥੧॥		Hamaaraa Dhharraa Har Rehiaa Samaaee ||1||	My alliance is with the Lord, who is pervading everywhere. ||1||	ਪਰ ਮੇਰਾ ਸਾਥੀ ਉਹ ਪਰਮਾਤਮਾ ਹੈ ਜੋ ਸਭ ਥਾਈਂ ਮੌਜੂਦ ਹੈ ॥੧॥
16798	366	ਹਮ ਹਰਿ ਸਿਉ ਧੜਾ ਕੀਆ ਮੇਰੀ ਹਰਿ ਟੇਕ॥	(ਟੇਕ) ਆਸਰਾ	Ham Har Sio Dhharraa Keeaa Maeree Har Ttaek ||	I have formed my alliance with the Lord; the Lord is my only support.	ਅਸਾਂ ਪਰਮਾਤਮਾ ਨਾਲ ਸਾਥ ਬਣਾਇਆ ਹੈ, ਪਰਮਾਤਮਾ ਹੀ ਮੇਰਾ ਆਸਰਾ ਹੈ।

16799	366	ਮੈ ਹਰਿ ਬਿਨੁ ਪਖੁ ਧੜਾ ਅਵਰੁ ਨ ਕੋਈ ਹਉ ਹਰਿ ਗੁਣ ਗਾਵਾ ਅਸੰਖ ਅਨੇਕ॥੧॥ਰਹਾਉ॥	ਪੱਖੁ	Mai Har Bin Pakh Dhharraa Avar N Koee Ho Har Gun Gaavaa Asankh Anaek ||1|| Rehaao ||	Other than the Lord, I have no other faction or alliance; I sing of the countless and endless Glorious Praises of the Lord. ||1||Pause||	ਪਰਮਾਤਮਾ ਤੋਂ ਬਿਨਾ ਮੇਰਾ ਹੋਰ ਕੋਈ ਪੱਖ ਨਹੀਂ ਕੋਈ ਧੜਾ ਨਹੀਂ। ਮੈਂ ਪਰਮਾਤਮਾ ਦੇ ਹੀ ਅਨੇਕਾਂ ਤੇ ਅਣਗਿਣਤ ਗੁਣ ਗਾਂਦਾ ਰਹਿੰਦਾ ਹਾਂ ॥੧॥ ਰਹਾਉ ॥
16800	366	ਜਿਨ੍ ਸਿਉ ਧੜੇ ਕਰਹਿ ਸੇ ਜਾਹਿ॥		Jinh Sio Dhharrae Karehi Sae Jaahi ||	Those with whom you form alliances, shall perish.	ਲੋਕ ਜਿਨ੍ਹਾਂ ਬੰਦਿਆਂ ਨਾਲ ਧੜੇ ਗੰਢਦੇ ਹਨ ਉਹ (ਆਖ਼ਰ ਜਗਤ ਤੋਂ) ਕੂਚ ਕਰ ਜਾਂਦੇ ਹਨ,
16801	366	ਝੂਠੁ ਧੜੇ ਕਰਿ ਪਛੋਤਾਹਿ॥		Jhooth Dhharrae Kar Pashhothaahi ||	Making false alliances, the mortals repent and regret in the end.	(ਧੜੇ ਬਣਾਣ ਵਾਲੇ ਇਹ) ਝੂਠਾ ਅਡੰਬਰ ਕਰ ਕੇ ਇਹ ਧੜੇ ਬਣਾ ਕੇ (ਉਹਨਾਂ ਦੇ ਮਰਨ ਤੇ) ਪਛੁਤਾਂਦੇ ਹਨ।
16802	366	ਥਿਰੁ ਨ ਰਹਹਿ ਮਨਿ ਖੋਟੁ ਕਮਾਹਿ॥		Thhir N Rehehi Man Khott Kamaahi ||	Those who practice falsehood shall not last.	(ਧੜੇ ਬਣਾਣ ਵਾਲੇ ਆਪ ਭੀ) ਸਦਾ (ਦੁਨੀਆ ਵਿਚ) ਟਿਕੇ ਨਹੀਂ ਰਹਿੰਦੇ, (ਵਿਅਰਥ ਹੀ ਧੜਿਆਂ ਦੀ ਖ਼ਾਤਰ ਆਪਣੇ) ਮਨ ਵਿਚ ਠੱਗੀ-ਫ਼ਰੇਬ ਕਰਦੇ ਰਹਿੰਦੇ ਹਨ।
16803	366	ਹਮ ਹਰਿ ਸਿਉ ਧੜਾ ਕੀਆ ਜਿਸ ਕਾ ਕੋਈ ਸਮਰਥੁ ਨਾਹਿ॥੨॥	ਸਮਰੱਥੁ	Ham Har Sio Dhharraa Keeaa Jis Kaa Koee Samarathh Naahi ||2||	I have formed my alliance with the Lord; there is no one more powerful than Him. ||2||	ਪਰ ਮੈਂ ਤਾਂ ਉਸ ਪਰਮਾਤਮਾ ਨਾਲ ਆਪਣਾ ਸਾਥ ਬਣਾਇਆ ਹੈ ਜਿਸ ਦੇ ਬਰਾਬਰ ਦੀ ਤਾਕਤ ਰੱਖਣ ਵਾਲਾ ਹੋਰ ਕੋਈ ਨਹੀਂ ਹੈ ॥੨॥

16804	366	ਏਹ ਸਭਿ ਧੜੇ ਮਾਇਆ ਮੋਹ ਪਸਾਰੀ॥		Eaeh Sabh Dhharrae Maaeiaa Moh Pasaaree ||	All these alliances are mere extensions of the love of Maya.	(ਹੇ ਭਾਈ! ਦੁਨੀਆ ਦੇ) ਇਹ ਸਾਰੇ ਧੜੇ ਮਾਇਆ ਦਾ ਖਿਲਾਰਾ ਹਨ ਮੋਹ ਦਾ ਖਿਲਾਰਾ ਹਨ।
16805	366	ਮਾਇਆ ਕਉ ਲੂਝਹਿ ਗਾਵਾਰੀ॥		Maaeiaa Ko Loojhehi Gaavaaree ||	Only fools argue over Maya.	(ਧੜੇ ਬਣਾਣ ਵਾਲੇ) ਮੂਰਖ ਲੋਕ ਮਾਇਆ ਦੀ ਖ਼ਾਤਰ ਹੀ (ਆਪੋ ਵਿਚ) ਲੜਦੇ ਰਹਿੰਦੇ ਹਨ।
16806	366	ਜਨਮਿ ਮਰਹਿ ਜੂਐ ਬਾਜੀ ਹਾਰੀ॥		Janam Marehi Jooai Baajee Haaree ||	They are born, and they die, and they lose the game of life in the gamble.	(ਇਸ ਕਾਰਨ ਉਹ ਮੁੜ ਮੁੜ) ਜੰਮਦੇ ਹਨ ਮਰਦੇ ਹਨ, ਉਹ (ਮਾਨੋ) ਜੂਏ ਵਿਚ ਹੀ (ਮਨੁੱਖਾ ਜੀਵਨ ਦੀ) ਬਾਜ਼ੀ ਹਾਰ ਕੇ ਚਲੇ ਜਾਂਦੇ ਹਨ (ਜਿਸ ਵਿਚੋਂ ਹਾਸਲ ਕੁਝ ਨਹੀਂ ਹੁੰਦਾ)।
16807	366	ਹਮਰੈ ਹਰਿ ਧੜਾ ਜਿ ਹਲਤੁ ਪਲਤੁ ਸਭੁ ਸਵਾਰੀ॥੩॥	(ਹਲਤੁ) ਇਹ ਲੋਕ। (ਪਲਤੁ) ਪ੍ਰਲੋਕ	Hamarai Har Dhharraa J Halath Palath Sabh Savaaree ||3||	My alliance is with the Lord, who embellishes all, in this world and the next. ||3||	ਪਰ ਮੇਰੇ ਨਾਲ ਤਾਂ ਸਾਥੀ ਹੈ ਪਰਮਾਤਮਾ ਜੋ ਮੇਰਾ ਲੋਕ ਤੇ ਪਰਲੋਕ ਸਭ ਕੁਝ ਸਵਾਰਨ ਵਾਲਾ ਹੈ ॥੩॥
16808	366	ਕਲਿਜੁਗ ਮਹਿ ਧੜੇ ਪੰਚ ਚੋਰ ਝਗੜਾਏ॥	ਕਲਿਜੁੱਗ	Kalijug Mehi Dhharrae Panch Chor Jhagarraaeae ||	In this Dark Age of Kali Yuga, the five thieves instigate alliances and conflicts.	ਪਰਮਾਤਮਾ ਨਾਲੋਂ ਵਿਛੜ ਕੇ (ਕਲਿਜੁਗੀ ਸੁਭਾਵ ਵਿਚ ਫਸ ਕੇ) ਮਨੁੱਖਾਂ ਦੇ ਧੜੇ ਬਣਦੇ ਹਨ,

16809	366	ਕਾਮੁ ਕ੍ਰੋਧੁ ਲੋਭੁ ਮੋਹੁ ਅਭਿਮਾਨੁ ਵਧਾਏ॥		Kaam Krodhh Lobh Mohu Abhimaan Vadhhaaeae ||	Sexual desire, anger, greed, emotional attachment and self-conceit have increased.	ਕਾਮਾਦਿਕ ਪੰਜਾਂ ਚੋਰਾਂ ਦੇ ਕਾਰਨ ਝਗੜੇ ਪੈਦਾ ਹੁੰਦੇ ਹਨ, (ਪਰਮਾਤਮਾ ਨਾਲੋਂ ਵਿਛੋੜਾ ਮਨੁੱਖਾਂ ਦੇ ਅੰਦਰ) ਕਾਮ ਕ੍ਰੋਧ ਲੋਭ ਮੋਹ ਅਤੇ ਅਹੰਕਾਰ ਨੂੰ ਵਧਾਂਦਾ ਹੈ।
16810	366	ਜਿਸ ਨੋ ਕ੍ਰਿਪਾ ਕਰੇ ਤਿਸੁ ਸਤਸੰਗਿ ਮਿਲਾਏ॥		Jis No Kirapaa Karae This Sathasang Milaaeae ||	One who is blessed by the Lord's Grace, joins the Sat Sangat, the True Congregation.	ਜਿਸ ਮਨੁੱਖ ਉਤੇ ਪਰਮਾਤਮਾ ਮੇਹਰ ਕਰਦਾ ਹੈ ਉਸ ਨੂੰ ਸਾਧ ਸੰਗਤਿ ਵਿਚ ਮਿਲਾਂਦਾ ਹੈ (ਤੇ ਉਹ ਇਹਨਾਂ ਪੰਜਾਂ ਚੋਰਾਂ ਦੀ ਮਾਰ ਤੋਂ ਬਚਦਾ ਹੈ)।
16811	366	ਹਮਰਾ ਹਰਿ ਧੜਾ ਜਿਨਿ ਏਹ ਧੜੇ ਸਭਿ ਗਵਾਏ॥੪॥		Hamaraa Har Dhharraa Jin Eaeh Dhharrae Sabh Gavaaeae ||4||	My alliance is with the Lord, who has destroyed all these alliances. ||4||	(ਹੇ ਭਾਈ!) ਮੇਰੀ ਮਦਦ ਤੇ ਪਰਮਾਤਮਾ ਆਪ ਹੈ ਜਿਸ ਨੇ (ਮੇਰੇ ਅੰਦਰੋਂ) ਇਹ ਸਾਰੇ ਧੜੇ ਮੁਕਾ ਦਿੱਤੇ ਹੋਏ ਹਨ ॥੪॥
16812	366	ਮਿਥਿਆ ਦੂਜਾ ਭਾਉ ਧੜੇ ਬਹਿ ਪਾਵੈ॥	ਮਿਥਿਆ:ਪੋਲਾ ਬੋਲੋ। (ਮਿਥਿਆ) ਝੂਠਾ	Mithhiaa Dhoojaa Bhaao Dhharrae Behi Paavai ||	In the false love of duality, people sit and form alliances.	(ਪਰਮਾਤਮਾ ਨੂੰ ਛੱਡ ਕੇ) ਮਾਇਆ ਦਾ ਝੂਠਾ ਪਿਆਰ (ਮਨੁੱਖ ਦੇ ਅੰਦਰ) ਟਿਕ ਕੇ ਧੜੇ (-ਬਾਜ਼ੀਆਂ) ਪੈਦਾ ਕਰਦਾ ਹੈ।
16813	366	ਪਰਾਇਆ ਛਿਦ੍ਰੁ ਅਟਕ ਲੈ ਆਪਣਾ ਅਹੰਕਾਰੁ ਵਧਾਵੈ॥	ਪ੍ਰਾਏ (ਛਿਦ੍ਰੁ) ਦੋਸ਼ ਦੀ (ਅਟਕ) ਟੇਕ। (ਦੂਜਾ ਪਾਠ: ਅਟਕਲੈ)	Paraaeiaa Shhidhra Attakalai Aapanaa Ahankaar Vadhhaavai ||	They complain about other peoples' faults, while their own self-conceit only increases.	(ਮਾਇਆ ਦੇ ਮੋਹ ਦੇ ਪ੍ਰਭਾਵ ਹੇਠ ਮਨੁੱਖ) ਹੋਰਨਾਂ ਦਾ ਐਬ ਜਾਚਦਾ ਫਿਰਦਾ ਹੈ ਤੇ (ਇਸ ਤਰ੍ਹਾਂ ਆਪਣੇ ਆਪ ਨੂੰ ਚੰਗਾ ਸਮਝ ਕੇ) ਆਪਣਾ ਅਹੰਕਾਰ ਵਧਾਂਦਾ ਹੈ।

16814	366	ਜੈਸਾ ਬੀਜੈ ਤੈਸਾ ਖਾਵੈ॥		Jaisaa Beejai Thaisaa Khaavai ||	As they plant, so shall they harvest.	(ਹੋਰਨਾਂ ਦੇ ਐਬ ਫਰੋਲ ਕੇ ਤੇ ਆਪਣੇ ਆਪ ਨੂੰ ਨੇਕ ਮਿਥ ਮਿਥ ਕੇ ਮਨੁੱਖ ਆਪਣੇ ਆਤਮਕ ਜੀਵਨ ਵਾਸਤੇ) ਜਿਹੋ ਜਿਹਾ ਬੀ ਬੀਜਦਾ ਹੈ ਉਹੋ ਜਿਹਾ ਫਲ ਹਾਸਲ ਕਰਦਾ ਹੈ।
16815	366	ਜਨ ਨਾਨਕ ਕਾ ਹਰਿ ਧੜਾ ਧਰਮੁ ਸਭ ਸ੍ਰਿਸਟਿ ਜਿਣਿ ਆਵੈ॥੫॥੨॥੫੪॥	(ਧੜਾ) ਪੱਖ। (ਜਿਣਿ) ਜਿੱਤ। ਸ੍ਰਿ ਸਟਿ	Jan Naanak Kaa Har Dhharraa Dhharam Sabh Srisatt Jin Aavai ||5||2||54||	Servant Nanak has joined the Lord's alliance of Dharma, which shall conquer the whole world. ||5||2||54||	ਦਾਸ ਨਾਨਕ ਦਾ ਪੱਖ ਕਰਨ ਵਾਲਾ ਸਾਥੀ ਤਾਂ ਪਰਮਾਤਮਾ ਹੈ (ਪਰਮਾਤਮਾ ਦਾ ਆਸਰਾ ਹੀ ਨਾਨਕ ਦਾ) ਧਰਮ ਹੈ (ਜਿਸ ਦੀ ਬਰਕਤਿ ਨਾਲ ਮਨੁੱਖ) ਸਾਰੀ ਸ੍ਰਿਸ਼ਟੀ ਨੂੰ ਜਿੱਤ ਕੇ ਆ ਸਕਦਾ ਹੈ ॥੫॥੨॥੫੪॥
16816	366	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	
16817	366	ਹਿਰਦੈ ਸੁਣਿ ਸੁਣਿ ਮਨਿ ਅੰਮ੍ਰਿਤੁ ਭਾਇਆ॥		Hiradhai Sun Sun Man Anmrith Bhaaeiaa ||	Constantly listening to the Ambrosial Gurbani in the heart, it becomes pleasing to the mind.	(ਹੇ ਭੈਣੋ!) ਗੁਰੂ ਦੀ ਬਾਣੀ ਸੁਣ ਕੇ ਜਿਸ ਮਨੁੱਖ ਦੇ ਹਿਰਦੇ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪਿਆਰਾ ਲੱਗਣ ਲੱਗ ਪੈਂਦਾ ਹੈ।
16818	366	ਗੁਰਬਾਣੀ ਹਰਿ ਅਲਖੁ ਲਖਾਇਆ॥੧॥	ਅ-ਲਖੁ: ਪੋਲਾ ਬੋਲੋ	Gurabaanee Har Alakh Lakhaaeiaa ||1||	Through Gurbani, the Incomprehensible Lord is comprehended. ||1||	ਗੁਰਬਾਣੀ ਦੀ ਬਰਕਤਿ ਨਾਲ ਉਹ ਮਨੁੱਖ ਅਦ੍ਰਿਸ਼ਟ ਪਰਮਾਤਮਾ ਦਾ ਦਰਸ਼ਨ ਕਰ ਲੈਂਦਾ ਹੈ ॥੧॥

16819	366	ਗੁਰਮੁਖਿ ਨਾਮੁ ਸੁਨਹੁ ਮੇਰੀ ਭੈਨਾ॥	ਭੈਨਾ: ਪੋਲਾ ਬੋਲੋ	Guramukh Naam Sunahu Maeree Bhainaa ||	As Gurmukh, listen to the Naam, the Name of the Lord, O my sisters.	ਹੇ ਮੇਰੀ ਭੈਣੋ! ਗੁਰੂ ਦੀ ਸਰਨ ਪੈ ਕੇ ਉਸ ਪਰਮਾਤਮਾ ਦਾ ਨਾਮ ਸੁਣਿਆ ਕਰੋ,
16820	366	ਏਕੋ ਰਵਿ ਰਹਿਆ ਘਟ ਅੰਤਰਿ ਮੁਖਿ ਬੋਲਹੁ ਗੁਰ ਅੰਮ੍ਰਿਤ ਬੈਨਾ॥੧॥ਰਹਾਉ॥		Eaeko Rav Rehiaa Ghatt Anthar Mukh Bolahu Gur Anmrith Bainaa ||1|| Rehaao ||	The One Lord is pervading and permeating deep within the heart; with your mouth, recite the Ambrosial Hymns of the Guru. ||1||Pause||	ਜੋ ਆਪ ਹੀ ਹਰੇਕ ਜੀਵ ਦੇ ਸਰੀਰ ਵਿਚ ਮੌਜੂਦ ਹੈ। (ਹੇ ਮੇਰੀ ਭੈਣੋ!) ਮੂੰਹ ਨਾਲ ਗੁਰੂ ਦੇ ਆਤਮਕ ਜੀਵਨ ਦੇਣ ਵਾਲੇ ਸ਼ਬਦ ਬੋਲਿਆ ਕਰੋ ॥੧॥ ਰਹਾਉ ॥
16821	366	ਮੈ ਮਨਿ ਤਨਿ ਪ੍ਰੇਮੁ ਮਹਾ ਬੈਰਾਗੁ॥		Mai Man Than Praem Mehaa Bairaag ||	My mind and body are filled with divine love, and great sadness.	(ਹੇ ਭੈਣੋ!) ਮੇਰੇ ਮਨ ਵਿਚ ਹਿਰਦੇ ਵਿਚ ਪਰਮਾਤਮਾ ਵਾਸਤੇ ਪਿਆਰ ਪੈਦਾ ਹੋ ਗਿਆ ਹੈ ਪਰਮਾਤਮਾ ਵਾਸਤੇ ਬੜੀ ਲਗਨ ਪੈਦਾ ਹੋ ਗਈ ਹੈ।
16822	366	ਸਤਿਗੁਰੁ ਪੁਰਖੁ ਪਾਇਆ ਵਡਭਾਗੁ॥੨॥		Sathigur Purakh Paaeiaa Vaddabhaag ||2||	By great good fortune, I have obtained the True Guru, the Primal Being. ||2||	ਪਰਮਾਤਮਾ ਦਾ ਰੂਪ ਤੇ ਵੱਡੇ ਭਾਗਾਂ ਵਾਲਾ ਸਤਿਗੁਰੂ ਮੈਨੂੰ ਭੀ ਮਿਲ ਪਿਆ ਹੈ (ਜਿਸ ਦੀ ਮੇਹਰ ਨਾਲ) ਮੇਰੇ ਮਨ ਵਿਚ ਹਿਰਦੇ ਵਿਚ ਪਰਮਾਤਮਾ ਵਾਸਤੇ ਪਿਆਰ ਪੈਦਾ ਹੋ ਗਿਆ ਹੈ ॥੨॥

16823	366	ਦੂਜੈ ਭਾਇ ਭਵਹਿ ਬਿਖੁ ਮਾਇਆ॥		Dhoojai Bhaae Bhavehi Bikh Maaeiaa ||	In the love of duality, the mortals wander through poisonous Maya.	(ਪਰ, ਹੇ ਭੈਣੋ!) ਜਿਹੜੇ ਉਹ ਮਨੁੱਖ ਮਾਇਆ ਦੇ ਮੋਹ ਵਿਚ ਫਸ ਕੇ ਮਾਇਆ ਦੀ ਖ਼ਾਤਰ ਭਟਕਦੇ ਫਿਰਦੇ ਹਨ ਜੋ ਉਹਨਾਂ ਲਈ ਆਤਮਕ ਮੌਤ ਦਾ ਕਾਰਨ ਬਣਦੀ ਹੈ,
16824	366	ਭਾਗਹੀਨ ਨਹੀ ਸਤਿਗੁਰੁ ਪਾਇਆ॥੩॥		Bhaageheen Nehee Sathigur Paaeiaa ||3||	The unfortunate ones do not meet the True Guru. ||3||	ਉਹ ਮਨੁੱਖ ਬਦ-ਨਸੀਬ ਹਨ ਜਿਨ੍ਹਾਂ ਨੂੰ ਗੁਰੂ ਨਹੀਂ ਮਿਲਿਆ ॥੩॥
16825	366	ਅੰਮ੍ਰਿਤੁ ਹਰਿ ਰਸੁ ਹਰਿ ਆਪਿ ਪੀਆਇਆ॥		Anmrith Har Ras Har Aap Peeaaeiaa ||	The Lord Himself inspires us to drink in the Lord's Ambrosial Elixir.	(ਜੀਵ ਦੇ ਵੱਸ ਦੀ ਗੱਲ ਨਹੀਂ) ਪਰਮਾਤਮਾ ਨੇ ਆਪ ਹੀ ਜਿਸ ਮਨੁੱਖ ਨੂੰ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਹਰਿ-ਨਾਮ-ਰਸ ਪਿਲਾ ਦਿੱਤਾ,
16826	366	ਗੁਰਿ ਪੂਰੈ ਨਾਨਕ ਹਰਿ ਪਾਇਆ॥੪॥੩॥੫੫॥		Gur Poorai Naanak Har Paaeiaa ||4||3||55||	Through the Perfect Guru, O Nanak, the Lord is obtained. ||4||3||55||	ਹੇ ਨਾਨਕ! ਉਸ ਨੇ ਪੂਰੇ ਗੁਰੂ ਦੀ ਰਾਹੀਂ ਉਸ ਪਰਮਾਤਮਾ ਨੂੰ ਲੱਭ ਲਿਆ ॥੪॥੩॥੫੫॥
16827	366	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	
16828	366	ਮੇਰੈ ਮਨਿ ਤਨਿ ਪ੍ਰੇਮੁ ਨਾਮੁ ਆਧਾਰੁ॥		Maerai Man Than Praem Naam Aadhhaar ||	The Love of the Naam, the Name of the Lord, is the Support of my mind and body.	(ਹੇ ਮੇਰੇ ਸੱਜਣੋ ਮਿੱਤਰੋ!) ਪਰਮਾਤਮਾ ਦਾ ਪਿਆਰ ਤੇ ਪਰਮਾਤਮਾ ਦਾ ਨਾਮ (ਹੀ) ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਆਸਰਾ ਹੈ।

16829	366	ਨਾਮੁ ਜਪੀ ਨਾਮੋ ਸੁਖ ਸਾਰੁ॥੧॥		Naam Japee Naamo Sukh Saar ||1||	I chant the Naam; the Naam is the essence of peace. ||1||	ਮੈਂ (ਸਦਾ ਪ੍ਰਭੂ ਦਾ) ਨਾਮ ਜਪਦਾ ਰਹਿੰਦਾ ਹਾਂ, ਨਾਮ ਹੀ (ਮੇਰੇ ਵਾਸਤੇ ਸਾਰੇ) ਸੁਖਾਂ ਦਾ ਨਿਚੋੜ ਹੈ ॥੧॥
16830	366	ਨਾਮੁ ਜਪਹੁ ਮੇਰੇ ਸਾਜਨ ਸੈਨਾ॥	(ਸੈਨਾ) ਮਿੱਤ੍ਰੋ	Naam Japahu Maerae Saajan Sainaa ||	So chant the Naam, O my friends and companions.	ਹੇ ਮੇਰੇ ਸਜਣੋ! ਹੇ ਮੇਰੇ ਮਿੱਤਰੋ! ਪਰਮਾਤਮਾ ਦਾ ਨਾਮ ਜਪਿਆ ਕਰੋ।
16831	366	ਨਾਮ ਬਿਨਾ ਮੈ ਅਵਰੁ ਨ ਕੋਈ ਵਡੈਭਾਗਿ ਗੁਰਮੁਖਿ ਹਰਿ ਲੈਨਾ॥੧॥ਰਹਾਉ॥		Naam Binaa Mai Avar N Koee Vaddai Bhaag Guramukh Har Lainaa ||1|| Rehaao ||	Without the Naam, there is nothing else for me. By great good fortune, as Gurmukh, I have received the Lord's Name. ||1||Pause||	ਪਰਮਾਤਮਾ ਦੇ ਨਾਮ ਤੋਂ ਬਿਨਾ ਮੈਨੂੰ (ਤਾਂ ਜ਼ਿੰਦਗੀ ਦਾ) ਹੋਰ ਕੋਈ (ਆਸਰਾ) ਨਹੀਂ ਦਿੱਸਦਾ। ਇਹ ਹਰਿ-ਨਾਮ ਵੱਡੀ ਕਿਸਮਤਿ ਨਾਲ ਗੁਰੂ ਦੀ ਰਾਹੀਂ ਹੀ ਮਿਲ ਸਕਦਾ ਹੈ ॥੧॥ ਰਹਾਉ ॥
16832	366	ਨਾਮ ਬਿਨਾ ਨਹੀ ਜੀਵਿਆ ਜਾਇ॥		Naam Binaa Nehee Jeeviaa Jaae ||	Without the Naam, I cannot live.	(ਹੇ ਮੇਰੇ ਮਿੱਤਰੋ!) ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਆਤਮਕ ਜੀਵਨ ਨਹੀਂ ਮਿਲ ਸਕਦਾ।
16833	366	ਵਡੈਭਾਗਿ ਗੁਰਮੁਖਿ ਹਰਿ ਪਾਇ॥੨॥		Vaddai Bhaag Guramukh Har Paae ||2||	By great good fortune, the Gurmukhs obtain the Naam. ||2||	ਇਹ ਹਰਿ-ਨਾਮ ਵੱਡੀ ਕਿਸਮਤਿ ਨਾਲ ਗੁਰੂ ਦੀ ਰਾਹੀਂ ਹੀ ਮਿਲਦਾ ਹੈ ॥੨॥
16834	366	ਨਾਮ ਹੀਨ ਕਾਲਖ ਮੁਖਿ ਮਾਇਆ॥		Naameheen Kaalakh Mukh Maaeiaa ||	Those who lack the Naam have their faces rubbed in the dirt of Maya.	(ਹੇ ਮੇਰੇ ਮਿੱਤਰੋ!) ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਜੀਊਣਾ ਫਿਟਕਾਰ-ਜੋਗ ਹੈ।

16835	366	ਨਾਮ ਬਿਨਾ ਧ੍ਰਿਗੁ ਧ੍ਰਿਗੁ ਜੀਵਾਇਆ॥੩॥		Naam Binaa Dhhrig Dhhrig Jeevaaeiaa ||3||	Without the Naam, cursed, cursed are their lives. ||3||	ਪਰਮਾਤਮਾ ਦੇ ਨਾਮ ਤੋਂ ਵਾਂਜੇ ਰਿਹਾਂ ਮਾਇਆ ਦੇ (ਮੋਹ ਦੇ) ਕਾਰਨ ਮੂੰਹ ਉਤੇ ਕਾਲਖ ਲੱਗਦੀ ਹੈ ॥੩॥
16836	367	ਵਡਾ ਵਡਾ ਹਰਿ ਭਾਗ ਕਰਿ ਪਾਇਆ॥		Vaddaa Vaddaa Har Bhaag Kar Paaeiaa ||	The Great Lord is obtained by great good destiny.	ਉਹ ਮਨੁੱਖ ਉਸ ਸਭ ਤੋਂ ਵੱਡੇ ਪਰਮਾਤਮਾ ਨੂੰ ਵੱਡੀ ਕਿਸਮਤਿ ਨਾਲ ਮਿਲ ਪੈਂਦਾ ਹੈ,
16837	367	ਨਾਨਕ ਗੁਰਮੁਖਿ ਨਾਮੁ ਦਿਵਾਇਆ॥੪॥੪॥ ੫੬॥		Naanak Guramukh Naam Dhivaaeiaa ||4||4||56||	O Nanak, the Gurmukh is blessed with the Naam. ||4||4||56||	ਹੇ ਨਾਨਕ! ਗੁਰੂ ਦੀ ਰਾਹੀਂ (ਜਿਸ ਨੂੰ ਪਰਮਾਤਮਾ) ਆਪਣੇ ਨਾਮ ਦੀ ਦਾਤਿ ਦਿਵਾਂਦਾ ਹੈ ॥੪॥੪॥੫੬॥
16838	367	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	
16839	367	ਗੁਣ ਗਾਵਾ ਗੁਣ ਬੋਲੀ ਬਾਣੀ॥		Gun Gaavaa Gun Bolee Baanee ||	I sing His Glorious Praises, and through the Word of His Bani, I speak His Glorious Praises.	(ਹੇ ਭਾਈ!) ਮੈਂ ਭੀ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹਾਂ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਰਹਿੰਦਾ ਹਾਂ,
16840	367	ਗੁਰਮੁਖਿ ਹਰਿ ਗੁਣ ਆਖਿ ਵਖਾਣੀ॥੧॥		Guramukh Har Gun Aakh Vakhaanee ||1||	As Gurmukh, I chant and recite the Glorious Praises of the Lord. ||1||	ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਗੁਣ ਉਚਾਰ ਉਚਾਰ ਕੇ ਬਿਆਨ ਕਰਦਾ ਰਹਿੰਦਾ ਹਾਂ ॥੧॥

16841	367	ਜਪਿ ਜਪਿ ਨਾਮੁ ਮਨਿ ਭਇਆ ਅਨੰਦਾ॥		Jap Jap Naam Man Bhaeiaa Anandhaa ||	Chanting and meditating on the Naam, my mind becomes blissful.	(ਹੇ ਭਾਈ!) ਪਰਮਾਤਮਾ ਦਾ ਨਾਮ ਮੁੜ ਮੁੜ ਜਪ ਕੇ ਮਨ ਵਿਚ ਆਨੰਦ ਪੈਦਾ ਹੋ ਜਾਂਦਾ ਹੈ।
16842	367	ਸਤਿ ਸਤਿ ਸਤਿਗੁਰਿ ਨਾਮੁ ਦਿੜਾਇਆ ਰਸਿ ਗਾਏ ਗੁਣ ਪਰਮਾਨੰਦਾ॥੧॥ਰਹਾਉ॥	ਪਰਮਾਨੰਦਾ	Sath Sath Sathigur Naam Dhirraaeiaa Ras Gaaeae Gun Paramaanandhaa ||1|| Rehaao ||	The True Guru has implanted the True Name of the True Lord within me; I sing His Glorious Praises, and taste the supreme ecstasy. ||1||Pause||	ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਨੇ ਸਤਿਨਾਮੁ ਸਤਿਨਾਮੁ ਸਤਿਨਾਮੁ ਪੱਕਾ ਕਰ ਦਿੱਤਾ, ਉਸ ਨੇ ਬੜੇ ਪ੍ਰੇਮ ਨਾਲ ਪਰਮਾਨੰਦ ਪ੍ਰਭੂ ਦੇ ਗੁਣ ਗਾਣੇ ਸ਼ੁਰੂ ਕਰ ਦਿੱਤੇ ॥੧॥ ਰਹਾਉ ॥
16843	367	ਹਰਿ ਗੁਣ ਗਾਵੈ ਹਰਿ ਜਨ ਲੋਗਾ॥		Har Gun Gaavai Har Jan Logaa ||	The humble servants of the Lord sing the Lord's Glorious Praises.	(ਗੁਰੂ ਦੀ ਸਰਨ ਪੈ ਕੇ ਹੀ) ਪਰਮਾਤਮਾ ਦਾ ਭਗਤ ਪਰਮਾਤਮਾ ਦੇ ਗੁਣ ਗਾਂਦਾ ਹੈ,
16844	367	ਵਡੈਭਾਗਿ ਪਾਏ ਹਰਿ ਨਿਰਜੋਗਾ॥੨॥	(ਨਿਰਜੋਗਾ) ਨਿਰਲੇਪ	Vaddai Bhaag Paaeae Har Nirajogaa ||2||	By great good fortune, the detached, absolute Lord is obtained. ||2||	ਤੇ ਵੱਡੀ ਕਿਸਮਤਿ ਨਾਲ ਉਸ ਨਿਰਲੇਪ ਪਰਮਾਤਮਾ ਨੂੰ ਮਿਲ ਪੈਂਦਾ ਹੈ ॥੨॥
16845	367	ਗੁਣ ਵਿਹੂਣ ਮਾਇਆ ਮਲੁ ਧਾਰੀ॥		Gun Vihoon Maaeiaa Mal Dhhaaree ||	Those without virtue are stained by Maya's filth.	(ਹੇ ਭਾਈ!) ਪਰਮਾਤਮਾ ਦੀ ਸਿਫ਼ਤਿ-ਸਾਲਾਹ ਤੋਂ ਵਾਂਜੇ ਹੋਏ ਮਨੁੱਖ ਮਾਇਆ ਦੇ ਮੋਹ ਦੀ ਮੈਲ (ਆਪਣੇ ਮਨ ਵਿਚ) ਟਿਕਾਈ ਰੱਖਦੇ ਹਨ।

16846	367	ਵਿਣੁ ਗੁਣ ਜਨਮਿ ਮੁਏ ਅਹੰਕਾਰੀ॥੩॥	ਅਹੰ-ਕਾਰੀ	Vin Gun Janam Mueae Ahankaaree ||3||	Lacking virtue, the egotistical die, and suffer reincarnation. ||3||	ਸਿਫ਼ਤਿ-ਸਾਲਾਹ ਤੋਂ ਬਿਨਾ ਅਹੰਕਾਰ ਵਿਚ ਮੱਤੇ ਹੋਏ ਜੀਵ ਮੁੜ ਮੁੜ ਜੰਮਦੇ ਮਰਦੇ ਰਹਿੰਦੇ ਹਨ ॥੩॥
16847	367	ਸਰੀਰਿ ਸਰੋਵਰਿ ਗੁਣ ਪਰਗਟਿ ਕੀਏ॥		Sareer Sarovar Gun Paragatt Keeeae ||	The ocean of the body yields pearls of virtue.	(ਹੇ ਭਾਈ! ਮਨੁੱਖ ਦੇ) ਇਸ ਸਰੀਰ ਸਰੋਵਰ ਵਿਚ (ਪਰਮਾਤਮਾ ਦੇ ਗੁਣ ਗੁਰੂ ਨੇ ਹੀ) ਪਰਗਟ ਕੀਤੇ ਹਨ।
16848	367	ਨਾਨਕ ਗੁਰਮੁਖਿ ਮਥਿ ਤਤੁ ਕਢੀਏ॥੪॥੫॥੫੭॥	ਮਥਿ: ਪੋਲਾ ਬੋਲੋ। ਕੱਢੀਏ	Naanak Guramukh Mathh Thath Kadteeeae ||4||5||57||	O Nanak, the Gurmukh churns this ocean, and discovers this essence. ||4||5||57||	ਹੇ ਨਾਨਕ! (ਜਿਵੇਂ ਦੁੱਧ ਰਿੜਕ ਕੇ ਮੱਖਣ ਕੱਢੀਦਾ ਹੈ, ਤਿਵੇਂ) ਗੁਰੂ ਦੀ ਸਰਨ ਪੈਣ ਵਾਲਾ ਮਨੁੱਖ (ਪਰਮਾਤਮਾ ਦੇ ਗੁਣਾਂ ਨੂੰ) ਮੁੜ ਮੁੜ ਵਿਚਾਰ ਕੇ (ਜੀਵਨ ਦਾ) ਨਿਚੋੜ (ਉੱਚਾ ਸੁੱਚਾ ਜੀਵਨ) ਪ੍ਰਾਪਤ ਕਰ ਲੈਂਦਾ ਹੈ ॥੪॥੫॥੫੭॥
16849	367	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	
16850	367	ਨਾਮੁ ਸੁਣੀ ਨਾਮੋ ਮਨਿ ਭਾਵੈ॥		Naam Sunee Naamo Man Bhaavai ||	I listen to the Naam, the Name of the Lord; the Naam is pleasing to my mind.	(ਹੇ ਭਾਈ!) ਮੈਂ (ਸਦਾ ਪਰਮਾਤਮਾ ਦਾ) ਨਾਮ ਸੁਣਦਾ ਰਹਿੰਦਾ ਹਾਂ, ਨਾਮ ਹੀ ਮੇਰੇ ਮਨ ਵਿਚ ਪਿਆਰਾ ਲੱਗ ਰਿਹਾ ਹੈ।
16851	367	ਵਡੈਭਾਗਿ ਗੁਰਮੁਖਿ ਹਰਿ ਪਾਵੈ॥੧॥		Vaddai Bhaag Guramukh Har Paavai ||1||	By great good fortune, the Gurmukh obtains the Lord. ||1||	ਗੁਰੂ ਦੀ ਸਰਨ ਪੈਣ ਵਾਲਾ ਮਨੁੱਖ ਵੱਡੀ ਕਿਸਮਤਿ ਨਾਲ ਇਹ ਹਰਿ-ਨਾਮ ਪ੍ਰਾਪਤ ਕਰ ਲੈਂਦਾ ਹੈ ॥੧॥

16852	367	ਨਾਮੁ ਜਪਹੁ ਗੁਰਮੁਖਿ ਪਰਗਾਸਾ॥		Naam Japahu Guramukh Paragaasaa ||	Chant the Naam, as Gurmukh, and be exalted.	(ਹੇ ਭਾਈ!) ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਜਪਿਆ ਕਰੋ (ਨਾਮ ਸਿਮਰਨ ਦੀ ਬਰਕਤਿ ਨਾਲ ਅੰਦਰ ਉਚੇ ਆਤਮਕ ਜੀਵਨ ਦਾ) ਚਾਨਣ ਹੋ ਜਾਇਗਾ।
16853	367	ਨਾਮ ਬਿਨਾ ਮੈ ਧਰ ਨਹੀ ਕਾਈ ਨਾਮੁ ਰਵਿਆ ਸਭ ਸਾਸ ਗਿਰਾਸਾ॥੧॥ਰਹਾਉ ॥	(ਧਰ) ਆਸਰਾ। (ਰਵਿਆ) ਸਿਮਰਿਆ	Naam Binaa Mai Dhhar Nehee Kaaee Naam Raviaa Sabh Saas Giraasaa ||1|| Rehaao ||	Without the Naam, I have no other support; the Naam is woven into all my breaths and morsels of food. ||1||Pause||	ਪਰਮਾਤਮਾ ਦੇ ਨਾਮ ਤੋਂ ਬਿਨਾ ਮੈਨੂੰ (ਤਾਂ ਆਤਮਕ ਜੀਵਨ ਵਾਸਤੇ) ਹੋਰ ਕੋਈ ਆਸਰਾ ਨਹੀਂ ਦਿੱਸਦਾ (ਇਸ ਵਾਸਤੇ) ਮੈਂ ਹਰੇਕ ਸਾਹ ਨਾਲ, ਹਰੇਕ ਗਿਰਾਹੀ ਨਾਲ ਪ੍ਰਭੂ ਦਾ ਨਾਮ ਸਿਮਰਦਾ ਰਹਿੰਦਾ ਹਾਂ ॥੧॥ ਰਹਾਉ ॥
16854	367	ਨਾਮੈ ਸੁਰਤਿ ਸੁਨੀ ਮਨਿ ਭਾਈ॥		Naamai Surath Sunee Man Bhaaee ||	The Naam illuminates my mind; listening to it, my mind is pleased.	(ਹੇ ਭਾਈ!) ਜਦੋਂ ਤੋਂ ਮੈਂ ਹਰਿ-ਨਾਮ ਦੀ ਸ੍ਰੋਤ ਸੁਣੀ ਹੈ (ਤਦੋਂ ਤੋਂ ਮੇਰੇ) ਮਨ ਵਿਚ ਪਿਆਰੀ ਲੱਗ ਰਹੀ ਹੈ।
16855	367	ਜੋ ਨਾਮੁ ਸੁਨਾਵੈ ਸੋ ਮੇਰਾ ਮੀਤੁ ਸਖਾਈ॥੨॥	(ਸਖਾਈ) ਸਾਥੀ	Jo Naam Sunaavai So Maeraa Meeth Sakhaaee ||2||	One who speaks the Naam - he alone is my friend and companion. ||2||	ਉਹੀ ਮਨੁੱਖ ਮੇਰਾ ਮਿੱਤਰ ਹੈ, ਮੇਰਾ ਸਾਥੀ ਹੈ ਜੇਹੜਾ ਮੈਨੂੰ ਪਰਮਾਤਮਾ ਦਾ ਨਾਮ ਸੁਣਾਂਦਾ ਹੈ ॥੨॥
16856	367	ਨਾਮ ਹੀਣ ਗਏ ਮੂੜ ਨੰਗਾ॥	ਮੂੜ	Naameheen Geae Moorr Nangaa ||	Without the Naam, the fools depart naked.	(ਹੇ ਭਾਈ!) ਪਰਮਾਤਮਾ ਦੇ ਨਾਮ ਤੋਂ ਵਾਂਜੇ ਹੋਏ ਮੂਰਖ ਮਨੁੱਖ (ਇਥੋਂ) ਖ਼ਾਲੀ ਹੱਥ ਚਲੇ ਜਾਂਦੇ ਹਨ,

16857	367	ਪਚਿ ਪਚਿ ਮੁਏ ਬਿਖੁ ਦੇਖਿ ਪਤੰਗਾ॥੩॥	ਪਚਿ ਪਚਿ: ਪੋਲਾ ਬੋਲੋ	Pach Pach Mueae Bikh Dhaekh Pathangaa ||3||	They burn away to death, chasing the poison of Maya, like the moth chasing the flame. ||3||	(ਜਿਵੇਂ) ਪਤੰਗ (ਬਲਦੇ ਦੀਵੇ ਨੂੰ) ਵੇਖ ਕੇ (ਸੜ ਮਰਦਾ ਹੈ, ਤਿਵੇਂ ਨਾਮ-ਹੀਨ ਮਨੁੱਖ ਆਤਮਕ ਮੌਤ ਲਿਆਉਣ ਵਾਲੀ ਮਾਇਆ ਦੇ) ਜ਼ਹਰ ਵਿਚ ਖ਼ੁਆਰ ਹੋ ਹੋ ਕੇ ਆਤਮਕ ਮੌਤੇ ਮਰਦੇ ਹਨ ॥੩॥
16858	367	ਆਪੇ ਥਾਪੇ ਥਾਪਿ ਉਥਾਪੇ॥		Aapae Thhaapae Thhaap Outhhaapae ||	He Himself establishes, and, having established, disestablishes.	(ਜੀਵਾਂ ਦੇ ਭੀ ਕੀਹ ਵੱਸ?) ਜੇਹੜਾ ਪਰਮਾਤਮਾ ਆਪ ਹੀ ਜਗਤ-ਰਚਨਾ ਰਚਦਾ ਹੈ ਜੇਹੜਾ ਆਪ ਹੀ ਰਚ ਕੇ ਨਾਸ ਭੀ ਕਰਦਾ ਹੈ,
16859	367	ਨਾਨਕ ਨਾਮੁ ਦੇਵੈ ਹਰਿ ਆਪੇ॥੪॥੬॥੫੮॥		Naanak Naam Dhaevai Har Aapae ||4||6||58||	O Nanak, the Lord Himself bestows the Naam. ||4||6||58||	ਹੇ ਨਾਨਕ! ਉਹ ਪਰਮਾਤਮਾ ਆਪ ਹੀ ਹਰਿ-ਨਾਮ ਦੀ ਦਾਤਿ ਦੇਂਦਾ ਹੈ ॥੪॥੬॥੫੮॥
16860	367	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	
16861	367	ਗੁਰਮੁਖਿ ਹਰਿ ਹਰਿ ਵੇਲਿ ਵਧਾਈ॥		Guramukh Har Har Vael Vadhhaaee ||	The vine of the Lord's Name Har Har, has taken root in the Gurmukh.	(ਹੇ ਭਾਈ! ਪਰਮਾਤਮਾ ਦਾ ਨਾਮ, ਮਾਨੋ, ਵੇਲ ਹੈ) ਗੁਰੂ ਦੀ ਸਰਨ ਪੈਣ ਵਾਲੇ ਮਨੁੱਖਾਂ ਨੇ ਇਸ ਹਰਿ-ਨਾਮ-ਵੇਲ ਨੂੰ (ਸਿਮਰਨ ਦਾ ਜਲ ਸਿੰਜ ਸਿੰਜ ਕੇ ਆਪਣੇ ਅੰਦਰ) ਵਡੀ ਕਰ ਲਿਆ ਹੈ,

16862	367	ਫਲ ਲਾਗੇ ਹਰਿ ਰਸਕ ਰਸਾਈ॥੧॥		Fal Laagae Har Rasak Rasaaee ||1||	It bears the fruit of the Lord; its taste is so tasty! ||1||	(ਉਹਨਾਂ ਦੇ ਅੰਦਰ ਉਹਨਾਂ ਦੇ ਆਤਮਕ ਜੀਵਨ ਵਿਚ ਇਸ ਵੇਲ ਨੂੰ) ਰਸ ਦੇਣ ਵੇਲੇ ਸੁਆਦਲੇ (ਆਤਮਕ ਗੁਣਾਂ ਦੇ) ਫਲ ਲੱਗਦੇ ਹਨ ॥੧॥
16863	367	ਹਰਿ ਹਰਿ ਨਾਮੁ ਜਪਿ ਅਨਤ ਤਰੰਗਾ॥		Har Har Naam Jap Anath Tharangaa ||	Chant the Name of the Lord, Har, Har, in endless waves of joy.	(ਹੇ ਭਾਈ! ਜਗਤ ਦੇ ਅਨੇਕਾਂ ਜੀਆ-ਜੰਤ-ਰੂਪ) ਬੇਅੰਤ ਲਹਰਾਂ ਦੇ ਮਾਲਕ ਪਰਮਾਤਮਾ ਦਾ ਨਾਮ ਸਿਮਰ।
16864	367	ਜਪਿ ਜਪਿ ਨਾਮੁ ਗੁਰਮਤਿ ਸਾਲਾਹੀ ਮਾਰਿਆ ਕਾਲੁ ਜਮਕੰਕਰ ਭੁਇਅੰਗਾ॥੧॥ਰਹਾਉ॥	(ਭੁਇਅੰਗਾ) ਸੱਪ	Jap Jap Naam Guramath Saalaahee Maariaa Kaal Jamakankar Bhueiangaa ||1|| Rehaao ||	Chant and repeat the Naam; through the Guru's Teachings praise the Lord, and slay the horrible serpent of the Messenger of Death. ||1||Pause||	ਗੁਰੂ ਦੀ ਮਤਿ ਲੈ ਕੇ ਮੁੜ ਮੁੜ ਹਰਿ-ਨਾਮ ਸਿਮਰ ਤੇ ਸਿਫ਼ਤਿ-ਸਾਲਾਹ ਕਰਦਾ ਰਹੁ। (ਜਿਸ ਮਨੁੱਖ ਨੇ ਨਾਮ ਜਪਿਆ, ਜਿਸ ਨੇ ਸਿਫ਼ਤਿ-ਸਾਲਾਹ ਕੀਤੀ ਉਸ ਨੇ ਮਨ-) ਸੱਪ ਨੂੰ ਮਾਰ ਲਿਆ, ਉਸ ਨੇ ਮੌਤ ਦੇ ਡਰ ਨੂੰ ਮੁਕਾ ਲਿਆ, ਉਸ ਨੇ ਜਮਦੂਤਾਂ ਨੂੰ ਮਾਰ ਲਿਆ। ਜਮਦੂਤ ਉਸ ਦੇ ਨੇੜੇ ਨਹੀਂ ਢੁਕਦੇ ॥੧॥ ਰਹਾਉ ॥
16865	367	ਹਰਿ ਹਰਿ ਗੁਰ ਮਹਿ ਭਗਤਿ ਰਖਾਈ॥		Har Har Gur Mehi Bhagath Rakhaaee ||	The Lord has implanted His devotional worship in the Guru.	ਹੇ ਮੇਰੇ ਭਾਈ! ਪਰਮਾਤਮਾ ਨੇ (ਆਪਣੀ) ਭਗਤੀ ਗੁਰੂ ਵਿਚ ਟਿਕਾ ਰੱਖੀ ਹੈ,

16866	367	ਗੁਰੁ ਤੁਠਾ ਸਿਖ ਦੇਵੈ ਮੇਰੇ ਭਾਈ॥੨॥	ਤੁੱਠਾ, ਸਿੱਖ	Gur Thuthaa Sikh Dhaevai Maerae Bhaaee ||2||	When the Guru is pleased, He bestows it upon His Sikh, O my siblings of Destiny. ||2||	ਤੇ ਗੁਰੂ ਪ੍ਰਸੰਨ ਹੋ ਕੇ (ਭਗਤੀ ਦੀ ਇਹ ਦਾਤਿ) ਸਿੱਖ ਨੂੰ ਦੇਂਦਾ ਹੈ ॥੨॥
16867	367	ਹਉਮੈ ਕਰਮ ਕਿਛੁ ਬਿਧਿ ਨਹੀ ਜਾਣੈ॥		Houmai Karam Kishh Bidhh Nehee Jaanai ||	One who acts in ego, knows nothing about the Way.	(ਪਰ ਜੇਹੜਾ ਮਨੁੱਖ ਗੁਰੂ ਦੀ ਸਰਨ ਨਹੀਂ ਪੈਂਦਾ ਤੇ ਆਪਣੀ) ਹਉਮੈ ਵਿਚ ਹੀ (ਆਪਣੇ ਵਲੋਂ ਧਾਰਮਿਕ) ਕੰਮ (ਭੀ ਕਰਦਾ ਹੈ, ਉਹ ਪਰਮਾਤਮਾ ਦੀ) ਭਗਤੀ ਦੀ ਰਤਾ ਭੀ ਸਾਰ ਨਹੀਂ ਜਾਣਦਾ।
16868	367	ਜਿਉ ਕੁੰਚਰੁ ਨਾਇ ਖਾਕੁ ਸਿਰਿ ਛਾਣੈ॥੩॥	ਨ੍ਹਾਇ	Jio Kunchar Naae Khaak Sir Shhaanai ||3||	He acts like an elephant, who takes a bath, and then throws dust on his head. ||3||	(ਹਉਮੈ ਦੇ ਆਸਰੇ ਕੀਤੇ ਹੋਏ ਉਸ ਦੇ ਧਾਰਮਿਕ ਕੰਮ ਇਉਂ ਹਨ) ਜਿਵੇਂ ਹਾਥੀ ਨ੍ਹਾ ਕੇ ਆਪਣੇ ਸਿਰ ਤੇ ਮਿੱਟੀ ਪਾ ਲੈਂਦਾ ਹੈ ॥੩॥
16869	367	ਜੇ ਵਡਭਾਗ ਹੋਵਹਿ ਵਡ ਊਚੇ॥		Jae Vadd Bhaag Hovehi Vadd Oochae ||	If one's destiny is great and exalted,	ਜੇ ਵੱਡੇ ਭਾਗ ਹੋਣ, ਜੇ ਬੜੇ ਉਚੇ ਭਾਗ ਹੋਣ ਤਾਂ ਮਨੁੱਖ (ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ) ਨਾਮ ਜਪਦੇ ਹਨ।
16870	367	ਨਾਨਕ ਨਾਮੁ ਜਪਹਿ ਸਚਿ ਸੂਚੇ॥੪॥੭॥੫੯॥		Naanak Naam Japehi Sach Soochae ||4||7||59||	O Nanak, one chants the Naam, the Name of the Immaculate, True Lord. ||4||7||59||	(ਇਸ ਤਰ੍ਹਾਂ) ਹੇ ਨਾਨਕ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਜੁੜ ਕੇ ਉਹ ਪਵਿਤ੍ਰ ਜੀਵਨ ਵਾਲੇ ਬਣ ਜਾਂਦੇ ਹਨ ॥੪॥੭॥੫੯॥
16871	367	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	

16872	367	ਹਰਿ ਹਰਿ ਨਾਮ ਕੀ ਮਨਿ ਭੂਖ ਲਗਾਈ॥	ਲੱਗਾਈ	Har Har Naam Kee Man Bhookh Lagaaee ||	My mind suffers hunger for the Name of the Lord, Har, Har.	ਹੇ ਮੇਰੇ ਵੀਰ! (ਮੇਰੇ) ਮਨ ਵਿਚ ਸਦਾ ਪਰਮਾਤਮਾ ਦੀ ਭੁੱਖ ਲੱਗੀ ਰਹਿੰਦੀ ਹੈ।
16873	367	ਨਾਮਿ ਸੁਨਿਐ ਮਨੁ ਤ੍ਰਿਪਤੈ ਮੇਰੇ ਭਾਈ॥੧॥		Naam Suniai Man Thripathai Maerae Bhaaee ||1||	Hearing the Naam, my mind is satisfied, O my Siblings of Destiny. ||1||	(ਇਸ ਭੁੱਖ ਦੀ ਬਰਕਤਿ ਨਾਲ ਮਾਇਆ ਦੀ ਭੁੱਖ ਨਹੀਂ ਲੱਗਦੀ, ਕਿਉਂਕਿ) ਜੇ ਪਰਮਾਤਮਾ ਦਾ ਨਾਮ ਸੁਣਦੇ ਰਹੀਏ ਤਾਂ ਮਨ (ਮਾਇਆ ਵਲੋਂ) ਰੱਜਿਆ ਰਹਿੰਦਾ ਹੈ ॥੧॥
16874	367	ਨਾਮੁ ਜਪਹੁ ਮੇਰੇ ਗੁਰਸਿਖ ਮੀਤਾ॥		Naam Japahu Maerae Gurasikh Meethaa ||	Chant the Naam, O my friends, O GurSikhs.	ਹੇ ਮੇਰੇ ਗੁਰੂ ਦੇ ਸਿੱਖੋ! ਹੇ ਮੇਰੇ ਮਿੱਤਰੋ! (ਸਦਾ ਪਰਮਾਤਮਾ ਦਾ) ਨਾਮ ਜਪਦੇ ਰਹੋ, ਨਾਮ ਜਪਦੇ ਰਹੋ।
16875	367	ਨਾਮੁ ਜਪਹੁ ਨਾਮੇ ਸੁਖੁ ਪਾਵਹੁ ਨਾਮੁ ਰਖਹੁ ਗੁਰਮਤਿ ਮਨਿ ਚੀਤਾ॥੧॥ਰਹਾਉ॥		Naam Japahu Naamae Sukh Paavahu Naam Rakhahu Guramath Man Cheethaa ||1|| Rehaao ||	Chant the Naam, and through the Naam, obtain peace; through the Guru's Teachings, enshrine the Naam in your heart and mind. ||1||Pause||	ਨਾਮ ਵਿਚ ਜੁੜ ਕੇ ਆਤਮਕ ਆਨੰਦ ਮਾਣੋ, ਗੁਰੂ ਦੀ ਮਤਿ ਦੀ ਰਾਹੀਂ ਪਰਮਾਤਮਾ ਦੇ ਨਾਮ ਨੂੰ ਆਪਣੇ ਮਨ ਵਿਚ, ਆਪਣੇ ਚਿਤ ਵਿਚ ਟਿਕਾਈ ਰੱਖੋ ॥੧॥ ਰਹਾਉ ॥
16876	367	ਨਾਮੋ ਨਾਮੁ ਸੁਣੀ ਮਨੁ ਸਰਸਾ॥	(ਸਰਸਾ) ਅਨੰਦਿਤ	Naamo Naam Sunee Man Sarasaa ||	Hearing the Naam, the Name of the Lord, the mind is in bliss.	(ਹੇ ਮੇਰੇ ਵੀਰ!) ਸਦਾ ਪਰਮਾਤਮਾ ਦਾ ਨਾਮ ਹੀ ਨਾਮ ਸੁਣ ਕੇ ਮਨ (ਪ੍ਰੇਮ ਦਇਆ ਆਦਿਕ ਗੁਣਾਂ ਨਾਲ) ਹਰਾ ਹੋਇਆ ਰਹਿੰਦਾ ਹੈ।

16877	367	ਨਾਮੁ ਲਾਹਾ ਲੈ ਗੁਰਮਤਿ ਬਿਗਸਾ॥੨॥	ਬਿਗਸਾ:ਪੋਲਾ ਬੋਲੋ। (ਬਿਗਸਾ) ਖਿੜਿਆ	Naam Laahaa Lai Guramath Bigasaa ||2||	Reaping the profit of the Naam, through the Guru's Teachings, my soul has blossomed forth. ||2||	ਗੁਰੂ ਦੀ ਮਤਿ ਦੀ ਬਰਕਤਿ ਨਾਲ ਪਰਮਾਤਮਾ ਦਾ ਨਾਮ ਖੱਟ ਖੱਟ ਕੇ ਮਨ ਖ਼ੁਸ਼ ਟਿਕਿਆ ਰਹਿੰਦਾ ਹੈ ॥੨॥
16878	367	ਨਾਮ ਬਿਨਾ ਕੁਸਟੀ ਮੋਹੁ ਅੰਧਾ॥	(ਕੁਸਟੀ) ਕੋਹੜੀ	Naam Binaa Kusattee Moh Andhhaa ||	Without the Naam, the mortal is a leper, blinded by emotional attachment.	(ਜਿਵੇਂ ਕੋਈ ਕੋਹੜਾ, ਕੋਹੜ ਦੇ ਦਰਦਾਂ ਨਾਲ ਵਿਲਕਦਾ ਹੈ, ਤਿਵੇਂ) ਪਰਮਾਤਮਾ ਦੇ ਨਾਮ ਤੋਂ ਵਿੱਛੁੜਿਆ ਹੋਇਆ ਮਨੁੱਖ ਆਤਮਕ ਰੋਗਾਂ ਨਾਲ ਗ੍ਰਸਿਆ ਹੋਇਆ ਦੁਖੀ ਹੁੰਦਾ ਰਹਿੰਦਾ ਹੈ, ਮਾਇਆ ਦਾ ਮੋਹ ਉਸ ਨੂੰ (ਸਹੀ ਜੀਵਨ-ਜੁਗਤ ਵਲੋਂ) ਅੰਨ੍ਹਾ ਕਰੀ ਰੱਖਦਾ ਹੈ।
16879	367	ਸਭ ਨਿਹਫਲ ਕਰਮ ਕੀਏ ਦੁਖੁ ਧੰਧਾ॥੩॥	ਨਿਹਫਲ	Sabh Nihafal Karam Keeeae Dhukh Dhhandhhaa ||3||	All his actions are fruitless; they lead only to painful entanglements. ||3||	ਹੋਰ ਜਿਤਨੇ ਭੀ ਕੰਮ ਉਹ ਕਰਦਾ ਹੈ, ਸਭ ਵਿਅਰਥ ਜਾਂਦੇ ਹਨ, ਉਹ ਕੰਮ ਉਸ ਨੂੰ (ਆਤਮਕ) ਦੁੱਖ ਹੀ ਦੇਂਦੇ ਹਨ, ਉਸ ਲਈ ਮਾਇਆ ਦਾ ਜਾਲ ਹੀ ਬਣੇ ਰਹਿੰਦੇ ਹਨ ॥੩॥
16880	367	ਹਰਿ ਹਰਿ ਹਰਿ ਜਸੁ ਜਪੈ ਵਡਭਾਗੀ॥		Har Har Har Jas Japai Vaddabhaagee ||	The very fortunate ones chant the Praises of the Lord, Har, Har, Har.	ਵੱਡੇ ਭਾਗਾਂ ਵਾਲਾ ਹੈ ਉਹ ਮਨੁੱਖ ਜੇਹੜਾ (ਗੁਰੂ ਦੀ ਮਤਿ ਲੈ ਕੇ) ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ।

16881	367	ਨਾਨਕ ਗੁਰਮਤਿ ਨਾਮਿ ਲਿਵ ਲਾਗੀ॥੪॥੮॥੬੦॥		Naanak Guramath Naam Liv Laagee ||4||8||60||	O Nanak, through the Guru's Teachings, one embraces love for the Naam. ||4||8||60||	ਹੇ ਨਾਨਕ! ਗੁਰੂ ਦੀ ਮਤਿ ਦੀ ਬਰਕਤਿ ਨਾਲ ਪਰਮਾਤਮਾ ਦੇ ਨਾਮ ਵਿਚ ਲਗਨ ਬਣੀ ਰਹਿੰਦੀ ਹੈ ॥੪॥੮॥੬੦॥
16882	368	੧ੴ ਸਤਿਗੁਰ ਪ੍ਰਸਾਦਿ॥	ਛੇਵੇਂ ਕੇ ਤਿੰਨ	Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
16883	368	ਮਹਲਾ ੪ ਰਾਗੁ ਆਸਾ ਘਰੁ ੬ ਕੇ ੩॥		Mehalaa 4 Raag Aasaa Ghar 6 Kae 3 ||	Fourth Mehl, Raag Aasaa, 3 Of Sixth House :	ਰਾਗ ਆਸਾ, ਘਰ ੬ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
16884	368	ਹਥਿ ਕਰਿ ਤੰਤੁ ਵਜਾਵੈ ਜੋਗੀ ਥੋਥਰ ਵਾਜੈ ਬੇਨ॥	(ਤੰਤੁ) ਤਾਰ। (ਥੋਥਰ) ਖਾਲੀ	Hathh Kar Thanth Vajaavai Jogee Thhothhar Vaajai Baen ||	You may pluck the strings with your hand, O Yogi, but your playing of the harp is in vain.	ਜੋਗੀ (ਕਿੰਗੁਰੀ) ਹੱਥ ਵਿਚ ਫੜ ਕੇ ਤਾਰ ਵਜਾਂਦਾ ਹੈ, ਪਰ ਉਸ ਦੀ ਕਿੰਗੁਰੀ ਬੇਅਸਰ ਹੀ ਵੱਜਦੀ ਹੈ (ਕਿਉਂਕਿ ਮਨ ਹਰਿ-ਨਾਮ ਤੋਂ ਸੁੰਞਾ ਟਿਕਿਆ ਰਹਿੰਦਾ ਹੈ)।
16885	368	ਗੁਰਮਤਿ ਹਰਿ ਗੁਣ ਬੋਲਹੁ ਜੋਗੀ ਇਹੁ ਮਨੂਆ ਹਰਿ ਰੰਗਿ ਭੇਨ॥੧॥	(ਭੇਨ) ਭਿੱਜੇ	Guramath Har Gun Bolahu Jogee Eihu Manooaa Har Rang Bhaen ||1||	Under Guru's Instruction, chant the Glorious Praises of the Lord, O Yogi, and this mind of yours shall be imbued with the Lord's Love. ||1||	ਹੇ ਜੋਗੀ! ਗੁਰੂ ਦੀ ਸਿੱਖਿਆ ਲੈ ਕੇ ਪਰਮਾਤਮਾ ਦੇ ਗੁਣਾਂ ਦਾ ਉਚਾਰਨ ਕਰਦਾ ਰਿਹਾ ਕਰ (ਇਸ ਤਰ੍ਹਾਂ) ਇਹ (ਅਮੋੜ) ਮਨ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਭਿੱਜਿਆ ਰਹਿੰਦਾ ਹੈ ॥੧॥

16886	368	ਜੋਗੀ ਹਰਿ ਦੇਹੁ ਮਤੀ ਉਪਦੇਸੁ॥	(ਮੱਤੀ) ਬੁੱਧੀ	Jogee Har Dhaehu Mathee Oupadhaes ||	O Yogi, give your intellect the Teachings of the Lord.	ਹੇ ਜੋਗੀ! ਤੁਸੀ (ਆਪਣੇ ਮਨ ਨੂੰ) ਹਰਿ-ਨਾਮ ਸਿਮਰਨ ਦੀ ਅਕਲ ਸਿੱਖਿਆ ਦਿਆ ਕਰੋ।
16887	368	ਜੁਗੁ ਜੁਗੁ ਹਰਿ ਹਰਿ ਏਕੋ ਵਰਤੈ ਤਿਸੁ ਆਗੈ ਹਮ ਆਦੇਸੁ॥੧॥ਰਹਾਉ॥	(ਆਦੇਸੁ) ਨਮਸਕਾਰ। ਜੁੱਗੁ ਜੁੱਗੁ	Jug Jug Har Har Eaeko Varathai This Aagai Ham Aadhaes ||1|| Rehaao ||	The Lord, the One Lord, is pervading throughout all the ages; I humbly bow down to Him. ||1||Pause||	ਉਹ ਪਰਮਾਤਮਾ ਹਰੇਕ ਜੁਗ ਵਿਚ ਆਪ ਹੀ ਆਪ ਸਭ ਕੁਝ ਕਰਦਾ ਰਹਿੰਦਾ ਹੈ। ਮੈਂ ਤਾਂ ਉਸ ਪਰਮਾਤਮਾ ਅੱਗੇ ਹੀ ਸਦਾ ਸਿਰ ਨਿਵਾਂਦਾ ਹਾਂ ॥੧॥ ਰਹਾਉ ॥
16888	368	ਗਾਵਹਿ ਰਾਗ ਭਾਤਿ ਬਹੁ ਬੋਲਹਿ ਇਹੁ ਮਨੂਆ ਖੇਲੈ ਖੇਲ॥	ਖੇਲੈਖੇਲ	Gaavehi Raag Bhaath Bahu Bolehi Eihu Manooaa Khaelai Khael ||	You sing in so many Ragas and harmonies, and you talk so much, but this mind of yours is only playing a game.	ਜੋਗੀ ਲੋਕ ਰਾਗ ਗਾਂਦੇ ਹਨ, ਹੋਰ ਭੀ ਕਈ ਕਿਸਮ ਦੇ ਬੋਲ ਬੋਲਦੇ ਹਨ, ਪਰ ਉਹਨਾਂ ਦਾ ਇਹ ਅਮੋੜ ਮਨ ਹੋਰ ਖੇਡਾਂ ਹੀ ਖੇਡਦਾ ਰਹਿੰਦਾ ਹੈ।
16889	368	ਜੋਵਹਿ ਕੂਪ ਸਿੰਚਨ ਕਉ ਬਸੁਧਾ ਉਠਿ ਬੈਲ ਗਏ ਚਰਿ ਬੇਲ॥੨॥	(ਜੋਵਹਿ) ਜੋੜਦੇ, ਜੋਂਦੇ। (ਬਸੁਧਾ) ਧਰਤੀ। ਬਸੁਧਾ	Jovehi Koop Sinchan Ko Basudhhaa Outh Bail Geae Char Bael ||2||	You work the well and irrigate the fields, but the oxen have already left to graze in the jungle. ||2||	(ਕਿੰਗੁਰੀ ਆਦਿਕ ਦਾ ਮਨ ਤੇ ਅਸਰ ਨਹੀਂ ਪੈਂਦਾ, ਉਹਨਾਂ ਦੀ ਹਾਲਤ ਇਉਂ ਹੀ ਹੁੰਦੀ ਹੈ, ਜਿਵੇਂ ਕਿਸਾਨ) ਪੈਲੀ ਸਿੰਜਣ ਵਾਸਤੇ ਖੂਹ ਜੋਂਦੇ ਹਨ, ਪਰ ਉਹਨਾਂ ਦੇ (ਆਪਣੇ) ਬੈਲ (ਹੀ) ਉੱਠ ਕੇ ਵੇਲਾਂ ਆਦਿਕ ਖਾ ਜਾਂਦੇ ਹਨ ॥੨॥

16890	368	ਕਾਇਆ ਨਗਰ ਮਹਿ ਕਰਮ ਹਰਿ ਬੋਵਹੁ ਹਰਿ ਜਾਮੈ ਹਰਿਆ ਖੇਤੁ॥	ਜੱਾਮੈ	Kaaeiaa Nagar Mehi Karam Har Bovahu Har Jaamai Hariaa Khaeth ||	In the field of the body, plant the Lord's Name, and the Lord will sprout there, like a lush green field.	(ਹੇ ਜੋਗੀ!) ਇਸ ਸਰੀਰ-ਨਗਰ ਵਿਚ ਹਰਿ-ਨਾਮ ਸਿਮਰਨ ਦੇ ਕਰਮ ਬੀਜੋ; (ਜੇਹੜਾ ਮਨੁੱਖ ਆਪਣੇ ਹਿਰਦੇ-ਖੇਤ ਵਿਚ ਹਰਿ-ਨਾਮ ਬੀਜ ਬੀਜਦਾ ਹੈ, ਉਸ ਦੇ ਅੰਦਰ) ਹਰਿ-ਨਾਮ ਦਾ ਸੋਹਣਾ ਹਰਾ ਖੇਤ ਉੱਗ ਪੈਂਦਾ ਹੈ।
16891	368	ਮਨੂਆ ਅਸਥਿਰੁ ਬੈਲੁ ਮਨੁ ਜੋਵਹੁ ਹਰਿ ਸਿੰਚਹੁ ਗੁਰਮਤਿ ਜੇਤੁ॥੩॥	(ਜੇਤੁ) ਜਿਸ ਨਾਲ	Manooaa Asathhir Bail Man Jovahu Har Sinchahu Guramath Jaeth ||3||	O mortal, hook up your unstable mind like an ox, and irrigate your fields with the Lord's Name, through the Guru's Teachings. ||3||	(ਹੇ ਜੋਗੀ! ਸਿਮਰਨ ਦੀ ਬਰਕਤਿ ਨਾਲ) ਇਸ ਮਨ ਨੂੰ ਡੋਲਣ ਤੋਂ ਰੋਕੋ, ਇਸ ਟਿਕੇ ਹੋਏ ਮਨ-ਬੈਲ ਨੂੰ ਜੋਵੋ, ਜਿਸ ਨਾਲ ਗੁਰੂ ਦੀ ਮਤਿ ਦੀ ਰਾਹੀਂ (ਆਪਣੇ ਅੰਦਰ) ਹਰਿ-ਨਾਮ ਜਲ ਸਿੰਜੋ ॥੩॥
16892	368	ਜੋਗੀ ਜੰਗਮ ਸ੍ਰਿਸਟਿ ਸਭ ਤੁਮਰੀ ਜੋ ਦੇਹੁ ਮਤੀ ਤਿਤੁ ਚੇਲ॥	(ਚੇਲ) ਚੱਲਦੇ। ਮੱਤੀ	Jogee Jangam Srisatt Sabh Thumaree Jo Dhaehu Mathee Thith Chael ||	The Yogis, the wandering Jangams, and all the world is Yours, O Lord. According to the wisdom which You give them, so do they follow their ways.	(ਪਰ, ਹੇ ਪ੍ਰਭੂ! ਜੀਵਾਂ ਦੇ ਕੀਹ ਵੱਸ?) ਜੋਗੀ, ਜੰਗਮ ਆਦਿਕ ਇਹ ਸਾਰੀ ਸ੍ਰਿਸ਼ਟੀ ਤੇਰੀ ਹੀ ਰਚੀ ਹੋਈ ਹੈ, ਆਪ ਜੇਹੜੀ ਮਤਿ ਇਸ ਸ੍ਰਿਸ਼ਟੀ ਨੂੰ ਦੇਂਦਾ ਹੈਂ ਉਧਰ ਹੀ ਇਹ ਤੁਰਦੀ ਹੈ।

16893	368	ਜਨ ਨਾਨਕ ਕੇ ਪ੍ਰਭ ਅੰਤਰਜਾਮੀ ਹਰਿ ਲਾਵਹੁ ਮਨੂਆ ਪੇਲ॥੪॥੯॥੬੧॥	(ਪੇਲ) ਪ੍ਰੇਰ ਕੇ	Jan Naanak Kae Prabh Antharajaamee Har Laavahu Manooaa Pael ||4||9||61||	O Lord God of servant Nanak, O Inner-knower, Searcher of hearts, please link my mind to You. ||4||9||61||	ਦਾਸ ਨਾਨਕ ਦੇ ਹੇ ਅੰਤਰਜਾਮੀ ਪ੍ਰਭੂ! ਸਾਡੇ ਮਨ ਨੂੰ ਪ੍ਰੇਰ ਕੇ ਤੂੰ ਆਪ ਹੀ ਆਪਣੇ ਚਰਨਾਂ ਵਿਚ ਜੋੜ ॥੪॥੯॥੬੧॥
16894	368	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	
16895	368	ਕਬ ਕੋ ਭਾਲੈ ਘੁੰਘਰੂ ਤਾਲਾ ਕਬ ਕੋ ਬਜਾਵੈ ਰਬਾਬੁ॥	(ਭਾਲੈ) ਲੱਭੇ। ਤਾਲਾ ਦਰਮਿਆਨਾ	Kab Ko Bhaalai Ghungharoo Thaalaa Kab Ko Bajaavai Rabaab ||	How long must one search for angle bells and cymbals, and how long must one play the guitar?	ਕਿਉਂ ਕੋਈ ਤਾਲ ਦੇਣ ਵਾਸਤੇ ਘੁੰਘਰੂ ਲੱਭਦਾ ਫਿਰੇ? (ਭਾਵ, ਮੈਨੂੰ ਘੁੰਘਰੂਆਂ ਦੀ ਲੋੜ ਨਹੀਂ), ਕਿਉਂ ਕੋਈ ਰਬਾਬ (ਆਦਿਕ ਸਾਜ) ਵਜਾਂਦਾ ਫਿਰੇ?
16896	368	ਆਵਤ ਜਾਤ ਬਾਰ ਖਿਨੁ ਲਾਗੈ ਹਉ ਤਬ ਲਗੁ ਸਮਾਰਉ ਨਾਮੁ॥੧॥		Aavath Jaath Baar Khin Laagai Ho Thab Lag Samaaro Naam ||1||	In the brief instant between coming and going, I meditate on the Naam, the Name of the Lord. ||1||	(ਇਹ ਘੁੰਘਰੂ ਰਬਾਬ ਆਦਿਕ ਲਿਆਉਣ ਵਾਸਤੇ) ਆਉਂਦਿਆਂ ਜਾਂਦਿਆਂ ਕੁਝ ਨ ਕੁਝ ਸਮਾ ਲੱਗਦਾ ਹੈ। ਪਰ ਮੈਂ ਤਾਂ ਉਤਨਾ ਸਮਾ ਭੀ ਪਰਮਾਤਮਾ ਦਾ ਨਾਮ ਹੀ ਯਾਦ ਕਰਾਂਗਾ ॥੧॥
16897	368	ਮੇਰੈ ਮਨਿ ਐਸੀ ਭਗਤਿ ਬਨਿ ਆਈ॥		Maerai Man Aisee Bhagath Ban Aaee ||	Such is the devotional love which has been produced in my mind.	(ਹੇ ਭਾਈ!) ਮੇਰੇ ਮਨ ਵਿਚ ਪਰਮਾਤਮਾ ਦੀ ਭਗਤੀ ਇਹੋ ਜਿਹੀ ਬਣੀ ਪਈ ਹੈ,

16898	368	ਹਉ ਹਰਿ ਬਿਨੁ ਖਿਨੁ ਪਲੁ ਰਹਿ ਨ ਸਕਉ ਜੈਸੇ ਜਲ ਬਿਨੁ ਮੀਨੁ ਮਰਿ ਜਾਈ॥੧॥ਰਹਾਉ॥		Ho Har Bin Khin Pal Rehi N Sako Jaisae Jal Bin Meen Mar Jaaee ||1|| Rehaao ||	Without the Lord, I cannot live even for an instant, like the fish which dies without water. ||1||Pause||	ਕਿ ਮੈਂ ਪਰਮਾਤਮਾ ਦੀ ਯਾਦ ਤੋਂ ਬਿਨਾ ਇਕ ਘੜੀ ਪਲ ਭੀ ਰਹਿ ਨਹੀਂ ਸਕਦਾ (ਮੈਨੂੰ ਯਾਦ ਤੋਂ ਬਿਨਾ ਆਤਮਕ ਮੌਤ ਜਾਪਣ ਲੱਗ ਪੈਂਦੀ ਹੈ) ਜਿਵੇਂ ਪਾਣੀ ਤੋਂ ਵਿਛੁੜ ਕੇ ਮੱਛੀ ਮਰ ਜਾਂਦੀ ਹੈ ॥੧॥ ਰਹਾਉ ॥
16899	368	ਕਬ ਕੋਊ ਮੇਲੈ ਪੰਚ ਸਤ ਗਾਇਣ ਕਬ ਕੋ ਰਾਗ ਧੁਨਿ ਉਠਾਵੈ॥	(ਪੰਚ) ਪੰਜ। (ਗਾਇਣ) ਗਵਈਏ। ਸੱਤ	Kab Kooo Maelai Panch Sath Gaaein Kab Ko Raag Dhhun Outhaavai ||	How long must one tune the five strings, and assemble the seven singers, and how long will they raise their voices in song?	(ਹੇ ਭਾਈ!) ਗਾਣ ਵਾਸਤੇ ਕਿਉਂ ਕੋਈ ਪੰਜ ਤਾਰਾਂ ਤੇ ਸੱਤ ਸੁਰਾਂ ਮਿਲਾਂਦਾ ਫਿਰੇ? ਕਿਉਂ ਕੋਈ ਰਾਗ ਦੀ ਸੁਰ ਚੁੱਕਦਾ ਫਿਰੇ?
16900	368	ਮੇਲਤ ਚੁਨਤ ਖਿਨੁ ਪਲੁ ਚਸਾ ਲਾਗੈ ਤਬ ਲਗੁ ਮੇਰਾ ਮਨੁ ਰਾਮ ਗੁਨ ਗਾਵੈ॥੨॥	ਚਸਾ: ਪੋਲਾ ਬੋਲੋ	Maelath Chunath Khin Pal Chasaa Laagai Thab Lag Maeraa Man Raam Gun Gaavai ||2||	In the time it takes to select and assemble these musicians, a moment elapses, and my mind sings the Glorious Praises of the Lord. ||2||	ਇਹ ਤਾਰਾਂ ਸੁਰਾਂ ਮਿਲਾਂਦਿਆਂ ਤੇ ਸੁਰ ਚੁੱਕਦਿਆਂ ਕੁਝ ਨ ਕੁਝ ਸਮਾ ਜ਼ਰੂਰ ਲੱਗਦਾ ਹੈ। ਮੇਰਾ ਮਨ ਤਾਂ ਉਤਨਾ ਸਮਾ ਭੀ ਪਰਮਾਤਮਾ ਦੇ ਗੁਣ ਗਾਂਦਾ ਰਹੇਗਾ ॥੨॥

16901	368	ਕਬ ਕੋ ਨਾਚੈ ਪਾਵ ਪਸਾਰੈ ਕਬ ਕੋ ਹਾਥ ਪਸਾਰੈ॥	(ਪਸਾਰੈ) ਖਿਲਾਰੇ	Kab Ko Naachai Paav Pasaarai Kab Ko Haathh Pasaarai ||	How long must one dance and stretch out one's feet, and how long must one reach out with one's hands?	(ਹੇ ਭਾਈ!) ਕਿਉਂ ਕੋਈ ਨੱਚਦਾ ਫਿਰੇ? (ਨੱਚਣ ਵਾਸਤੇ) ਕਿਉਂ ਕੋਈ ਪੈਰ ਖਿਲਾਰੇ? ਕਿਉਂ ਕੋਈ ਹੱਥ ਖਿਲਾਰੇ? ਇਹਨਾਂ ਹੱਥਾਂ ਪੈਰਾਂ ਨੂੰ ਖਿਲਾਰਦਿਆਂ ਭੀ ਥੋੜਾ-ਬਹੁਤ ਸਮਾ ਲੱਗਦਾ ਹੀ ਹੈ।
16902	368	ਹਾਥ ਪਾਵ ਪਸਾਰਤ ਬਿਲਮੁ ਤਿਲੁ ਲਾਗੈ ਤਬ ਲਗੁ ਮੇਰਾ ਮਨੁ ਰਾਮ ਸਮ੍ਹਾਰੈ॥੩॥	ਬਿਲਮ:ਪੋਲਾ ਬੋਲੋ। (ਬਿਲਮ) ਦੇਰ	Haathh Paav Pasaarath Bilam Thil Laagai Thab Lag Maeraa Man Raam Samhaarai ||3||	Stretching out one's hands and feet, there is a moment's delay; and then, my mind meditates on the Lord. ||3||	ਮੇਰਾ ਮਨ ਤਾਂ ਉਤਨਾ ਸਮਾਂ ਭੀ ਪਰਮਾਤਮਾ ਨੂੰ ਹਿਰਦੇ ਵਿਚ ਵਸਾਂਦਾ ਰਹੇਗਾ ॥੩॥
16903	368	ਕਬ ਕੋਊ ਲੋਗਨ ਕਉ ਪਤੀਆਵੈ ਲੋਕਿ ਪਤੀਣੈ ਨਾ ਪਤਿ ਹੋਇ॥	ਪਤੀ-ਆਵੈ:ਪੋਲਾ ਬੋਲੋ। (ਪਤੀਆਵੈ) ਪ੍ਰਸੰਨ ਕਰੇ	Kab Kooo Logan Ko Patheeaavai Lok Patheenai Naa Path Hoe ||	How long must one satisfy the people, in order to obtain honor?	(ਹੇ ਭਾਈ! ਆਪਣੇ ਆਪ ਨੂੰ ਭਗਤ ਜ਼ਾਹਰ ਕਰਨ ਵਾਸਤੇ) ਕਿਉਂ ਕੋਈ ਲੋਕਾਂ ਨੂੰ ਯਕੀਨ ਦਿਵਾਂਦਾ ਫਿਰੇ? ਜੇ ਲੋਕਾਂ ਦੀ ਤਸੱਲੀ ਹੋ ਭੀ ਜਾਵੇ ਤਾਂ ਭੀ (ਪ੍ਰਭੂ-ਦਰ ਤੇ) ਇੱਜ਼ਤ ਨਹੀਂ ਮਿਲੇਗੀ।

16904	368	ਜਨ ਨਾਨਕ ਹਰਿ ਹਿਰਦੈ ਸਦ ਧਿਆਵਹੁ ਤਾ ਜੈ ਜੈ ਕਰੇ ਸਭੁ ਕੋਇ॥੪॥੧੦॥੬੨॥		Jan Naanak Har Hiradhai Sadh Dhhiaavahu Thaa Jai Jai Karae Sabh Koe ||4||10||62||	O servant Nanak, meditate forever in your heart on the Lord, and then everyone will congratulate you. ||4||10||62||	ਹੇ ਦਾਸ ਨਾਨਕ! (ਆਖ-ਹੇ ਭਾਈ!) ਸਦਾ ਆਪਣੇ ਹਿਰਦੇ ਵਿਚ ਪਰਮਾਤਮਾ ਨੂੰ ਸਿਮਰਦੇ ਰਹੋ, ਇਸ ਤਰ੍ਹਾਂ ਹਰੇਕ ਜੀਵ ਆਦਰ-ਸਤਕਾਰ ਕਰਦਾ ਹੈ ॥੪॥੧੦॥੬੨॥
16905	368	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	
16906	368	ਸਤਸੰਗਤਿ ਮਿਲੀਐ ਹਰਿ ਸਾਧੂ ਮਿਲਿ ਸੰਗਤਿ ਹਰਿ ਗੁਣ ਗਾਇ॥		Sathasangath Mileeai Har Saadhhoo Mil Sangath Har Gun Gaae ||	Join the Sat Sangat the Lord's True Congregation; joining the Company of the Holy sing the Glorious Praises of the Lord.	(ਹੇ ਮੇਰੇ ਵੀਰ!) ਪ੍ਰਭੂ ਦੀ ਗੁਰੂ ਦੀ ਸਾਧ ਸੰਗਤਿ ਵਿਚ ਮਿਲਣਾ ਚਾਹੀਦਾ ਹੈ। (ਹੇ ਵੀਰ!) ਸੰਗਤਿ ਵਿਚ ਮਿਲ ਕੇ ਪਰਮਾਤਮਾ ਦੇ ਗੁਣ ਗਾਂਦਾ ਰਹੁ।
16907	368	ਗਿਆਨ ਰਤਨੁ ਬਲਿਆ ਘਟਿ ਚਾਨਣੁ ਅਗਿਆਨੁ ਅੰਧੇਰਾ ਜਾਇ॥੧॥		Giaan Rathan Baliaa Ghatt Chaanan Agiaan Andhhaeraa Jaae ||1||	With the sparkling jewel of spiritual wisdom, the heart is illumined, and ignorance is dispelled. ||1||	(ਜੇਹੜਾ ਮਨੁੱਖ ਪ੍ਰਭੂ ਦੇ ਗੁਣ ਗਾਂਦਾ ਹੈ ਉਸ ਦੇ ਅੰਦਰ ਗੁਰੂ ਦੇ ਬਖ਼ਸ਼ੇ) ਗਿਆਨ ਦਾ ਰਤਨ ਚਮਕ ਪੈਂਦਾ ਹੈ, ਉਸ ਦੇ ਹਿਰਦੇ ਵਿਚ (ਆਤਮਕ) ਚਾਨਣ ਹੋ ਜਾਂਦਾ ਹੈ, (ਉਸ ਦੇ ਅੰਦਰੋਂ) ਅਗਿਆਨਤਾ ਦਾ ਹਨੇਰਾ ਦੂਰ ਹੋ ਜਾਂਦਾ ਹੈ ॥੧॥

16908	368	ਹਰਿ ਜਨ ਨਾਚਹੁ ਹਰਿ ਹਰਿ ਧਿਆਇ॥		Har Jan Naachahu Har Har Dhhiaae ||	O humble servant of the Lord, let your dancing be meditation on the Lord, Har, Har.	ਹੇ ਹਰੀ ਦੇ ਸੇਵਕੋ! ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਨੱਚੋ (ਨਾਮ ਸਿਮਰੋ-ਇਹੀ ਨਾਚ ਨੱਚੋ। ਸਿਮਰਨ ਕਰੋ, ਮਨ ਨੱਚ ਉੱਠੇਗਾ, ਮਨ ਚਾਉ-ਭਰਪੂਰ ਹੋ ਜਾਇਗਾ)।
16909	368	ਐਸੇ ਸੰਤ ਮਿਲਹਿ ਮੇਰੇ ਭਾਈ ਹਮ ਜਨ ਕੇ ਧੋਵਹ ਪਾਇ॥੧॥ਰਹਾਉ॥		Aisae Santh Milehi Maerae Bhaaee Ham Jan Kae Dhhoveh Paae ||1|| Rehaao ||	If only I cold meet such Saints, O my Siblings of Destiny; I would wash the feet of such servants. ||1||Pause||	ਹੇ ਮੇਰੇ ਵੀਰ! ਜੇ ਮੈਨੂੰ ਇਹੋ ਜਿਹੇ ਸੰਤ-ਜਨ ਮਿਲ ਪੈਣ, ਤਾਂ ਮੈਂ ਉਹਨਾਂ ਦੇ ਪੈਰ ਧੋਵਾਂ (ਅਸੀਂ ਉਹਨਾਂ ਦੇ ਪੈਰ ਧੋਵੀਏ-ਲਫ਼ਜ਼ੀ) ॥੧॥ ਰਹਾਉ ॥
16910	368	ਹਰਿ ਹਰਿ ਨਾਮੁ ਜਪਹੁ ਮਨ ਮੇਰੇ ਅਨ ਦਿਨੁ ਹਰਿ ਲਿਵ ਲਾਇ॥		Har Har Naam Japahu Man Maerae Anadhin Har Liv Laae ||	Meditate on the Naam, the Name of the Lord, O my mind; night and day, center your consciousness on the Lord.	ਹੇ ਮੇਰੇ ਮਨ! ਹਰ ਰੋਜ਼ ਪਰਮਾਤਮਾ (ਦੇ ਚਰਨਾਂ) ਵਿਚ ਸੁਰਤਿ ਜੋੜ ਕੇ ਪਰਮਾਤਮਾ ਦਾ ਨਾਮ ਜਪਿਆ ਕਰ,
16911	368	ਜੋ ਇਛਹੁ ਸੋਈ ਫਲੁ ਪਾਵਹੁ ਫਿਰਿ ਭੂਖ ਨ ਲਾਗੈ ਆਇ॥੨॥		Jo Eishhahu Soee Fal Paavahu Fir Bhookh N Laagai Aae ||2||	You shall have the fruits of your desires, and you shall never feel hunger again. ||2||	ਜੇਹੜੇ ਫਲ ਦੀ ਇੱਛਾ ਕਰੇਂਗਾ ਉਹੀ ਫਲ ਹਾਸਲ ਕਰ ਲਏਂਗਾ, ਤੇ ਮੁੜ ਤੈਨੂੰ ਕਦੇ ਮਾਇਆ ਦੀ ਭੁੱਖ ਨਹੀਂ ਲੱਗੇਗੀ ॥੨॥

16912	368	ਆਪੇ ਹਰਿ ਅਪਰੰਪਰੁ ਕਰਤਾ ਹਰਿ ਆਪੇ ਬੋਲਿ ਬੁਲਾਇ॥	(ਅਪ-ਰੰਪਰੁ) ਪਰੇ ਤੋਂ ਪਰੇ	Aapae Har Aparanpar Karathaa Har Aapae Bol Bulaae ||	The Infinite Lord Himself is the Creator; the Lord Himself speaks, and causes us to speak.	(ਪਰ ਸਿਮਰਨ ਕਰਨਾ ਜੀਵ ਦੇ ਆਪਣੇ ਵੱਸ ਦੀ ਗੱਲ ਨਹੀਂ) ਸਿਰਜਣਹਾਰ ਬੇਅੰਤ ਪਰਮਾਤਮਾ ਆਪ ਹੀ (ਸਭ ਜੀਵਾਂ ਵਿਚ ਵਿਆਪਕ ਹੋ ਕੇ) ਬੋਲਦਾ ਹੈ ਤੇ ਆਪ ਹੀ ਜੀਵਾਂ ਨੂੰ ਬੋਲਣ ਲਈ ਪ੍ਰੇਰਦਾ ਹੈ।
16913	368	ਸੇਈ ਸੰਤ ਭਲੇ ਤੁਧੁ ਭਾਵਹਿ ਜਿਨ ਕੀ ਪਤਿ ਪਾਵਹਿ ਥਾਇ॥੩॥		Saeee Santh Bhalae Thudhh Bhaavehi Jinh Kee Path Paavehi Thhaae ||3||	The Saints are good, who are pleasing to Your Will; their honor is approved by You. ||3||	ਹੇ ਪ੍ਰਭੂ! ਉਹੀ ਮਨੁੱਖ ਚੰਗੇ ਹਨ ਸੰਤ ਹਨ ਜੋ ਤੈਨੂੰ ਪਿਆਰੇ ਲੱਗਦੇ ਹਨ, ਜਿਨ੍ਹਾਂ ਦੀ ਇੱਜ਼ਤ ਤੇਰੇ ਦਰ ਤੇ ਕਬੂਲ ਹੁੰਦੀ ਹੈ ॥੩॥
16914	368	ਨਾਨਕੁ ਆਖਿ ਨ ਰਾਜੈ ਹਰਿ ਗੁਣ ਜਿਉ ਆਖੈ ਤਿਉ ਸੁਖੁ ਪਾਇ॥		Naanak Aakh N Raajai Har Gun Jio Aakhai Thio Sukh Paae ||	Nanak is not satisfied by chanting the Lord's Glorious Praises; the more he chants them, the more he is at peace.	(ਹੇ ਭਾਈ! ਪ੍ਰਭੂ ਦਾ ਦਾਸ) ਨਾਨਕ ਪਰਮਾਤਮਾ ਦੇ ਗੁਣ ਬਿਆਨ ਕਰ ਕਰ ਕੇ ਰੱਜਦਾ ਨਹੀਂ ਹੈ ਜਿਉਂ ਜਿਉਂ ਨਾਨਕ ਉਸ ਦੀ ਸਿਫ਼ਤਿ-ਸਾਲਾਹ ਕਰਦਾ ਹੈ ਤਿਉਂ ਤਿਉਂ ਆਤਮਕ ਆਨੰਦ ਮਾਣਦਾ ਹੈ।
16915	368	ਭਗਤਿ ਭੰਡਾਰ ਦੀਏ ਹਰਿ ਅਪੁਨੇ ਗੁਣ ਗਾਹਕੁ ਵਣਜਿ ਲੈ ਜਾਇ॥੪॥੧੧॥੬੩॥	(ਵਣਜਿ) ਖ੍ਰੀਦ ਕੇ	Bhagath Bhanddaar Dheeae Har Apunae Gun Gaahak Vanaj Lai Jaae ||4||11||63||	The Lord Himself has bestowed the treasure of devotional love; His customers purchase virtues, and carry them home. ||4||11||63||	(ਹੇ ਭਾਈ!) ਪਰਮਾਤਮਾ ਨੇ (ਜੀਵਾਂ ਨੂੰ) ਆਪਣੀ ਭਗਤੀ ਦੇ ਖ਼ਜ਼ਾਨੇ ਦਿੱਤੇ ਹੋਏ ਹਨ, ਪਰ ਇਹਨਾਂ ਗੁਣਾਂ ਦਾ ਗਾਹਕ ਹੀ ਖ਼ਰੀਦ ਕੇ (ਇਸ ਜਗਤ ਤੋਂ ਆਪਣੇ ਨਾਲ) ਲੈ ਜਾਂਦਾ ਹੈ ॥੪॥੧੧॥੬੩॥

16916	369	੧ੴ ਸਤਿਗੁਰ ਪ੍ਰਸਾਦਿ॥	ਘਰੁ ਅੱਠਵੇਂ ਕੇ	Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
16917	369	ਰਾਗੁ ਆਸਾ ਘਰੁ ੮ ਕੇ ਕਾਫੀ ਮਹਲਾ ੪॥		Raag Aasaa Ghar 8 Kae Kaafee Mehalaa 4 ||	Raag Aasaa, Eighth House, Kaafee, Fourth Mehl:	ਰਾਗ ਆਸਾ, ਘਰ ੮ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਕਾਫੀ'।
16918	369	ਆਇਆ ਮਰਣੁ ਧੁਰਾਹੁ ਹਉਮੈ ਰੋਈਐ॥		Aaeiaa Maran Dhhuraahu Houmai Roeeai ||	Death is ordained from the very beginning, and yet ego makes us cry.	(ਹੇ ਭਾਈ!) ਧੁਰ ਦਰਗਾਹ ਤੋਂ ਹੀ (ਹਰੇਕ ਜੀਵ ਵਾਸਤੇ) ਮੌਤ (ਦਾ ਪਰਵਾਨਾ) ਆਇਆ ਹੋਇਆ ਹੈ (ਧੁਰ ਤੋਂ ਹੀ ਇਹ ਰਜ਼ਾ ਹੈ ਕਿ ਜੇਹੜਾ ਜੰਮਿਆ ਹੈ ਉਸ ਨੇ ਮਰਨਾ ਭੀ ਜ਼ਰੂਰ ਹੈ) ਹਉਮੈ ਦੇ ਕਾਰਨ ਹੀ (ਕਿਸੇ ਦੇ ਮਰਨ ਤੇ) ਰੋਈਦਾ ਹੈ।
16919	369	ਗੁਰਮੁਖਿ ਨਾਮੁ ਧਿਆਇ ਅਸਥਿਰੁ ਹੋਈਐ॥੧॥		Guramukh Naam Dhhiaae Asathhir Hoeeai ||1||	Meditating on the Naam, as Gurmukh, one becomes stable and steady. ||1||	ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰ ਕੇ ਅਡੋਲ-ਚਿੱਤ ਹੋ ਜਾਈਦਾ ਹੈ (ਮੌਤ ਆਉਣ ਤੇ ਡੋਲਣੋਂ ਹਟ ਜਾਈਦਾ ਹੈ) ॥੧॥
16920	369	ਗੁਰ ਪੂਰੇ ਸਾਬਾਸਿ ਚਲਣੁ ਜਾਣਿਆ॥		Gur Poorae Saabaas Chalan Jaaniaa ||	Blessed is the Perfect Guru, through whom the way of Death is known.	ਜਿਨ੍ਹਾਂ ਮਨੁੱਖਾਂ ਨੇ ਪੂਰੇ ਗੁਰੂ ਦੀ ਰਾਹੀਂ ਜਾਣ ਲਿਆ ਕਿ ਜਗਤ ਤੋਂ ਆਖ਼ਿਰ ਚਲੇ ਜਾਣਾ ਹੈ ਉਹਨਾਂ ਨੇ ਸ਼ਾਬਾਸ਼ੇ ਖੱਟੀ।

16921	369	ਲਾਹਾ ਨਾਮੁ ਸੁ ਸਾਰੁ ਸਬਦਿ ਸਮਾਣਿਆ॥੧॥ਰਹਾਉ॥	(ਸਾਰੁ) ਸ੍ਰੇਸ਼ਟ	Laahaa Naam S Saar Sabadh Samaaniaa ||1|| Rehaao ||	The sublime people earn the profit of the Naam, the Name of the Lord; they are absorbed in the Word of the Shabad. ||1||Pause||	ਉਹਨਾਂ ਨੇ ਪਰਮਾਤਮਾ ਦਾ ਨਾਮ (-ਰੂਪ) ਸ੍ਰੇਸ਼ਟ ਲਾਭ ਖੱਟ ਲਿਆ, ਉਹ ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਦੇ ਨਾਮ ਵਿਚ) ਲੀਨ ਹੋਏ ਰਹੇ ॥੧॥ ਰਹਾਉ ॥
16922	369	ਪੂਰਬਿ ਲਿਖੇ ਡੇਹ ਸਿ ਆਏ ਮਾਇਆ॥	(ਡੇਹ) ਦਿਨ	Poorab Likhae Ddaeh S Aaeae Maaeiaa ||	The days of one's life are pre-ordained; they will come to their end, O mother.	ਹੇ ਮਾਂ! ਪੂਰਬਲੇ ਜਨਮ ਵਿਚ (ਧੁਰੋਂ) ਲਿਖੇ ਅਨੁਸਾਰ (ਜਿਨ੍ਹਾਂ ਨੂੰ ਜ਼ਿੰਦਗੀ ਦੇ) ਦਿਨ ਮਿਲਦੇ ਹਨ ਉਹ ਜਗਤ ਵਿਚ ਆ ਜਾਂਦੇ ਹਨ (ਜੰਮ ਪੈਂਦੇ ਹਨ)
16923	369	ਚਲਣੁ ਅਜੁ ਕਿ ਕਲਿ੍ ਧੁਰਹੁ ਫੁਰਮਾਇਆ॥੨॥	ਚੱਲਣੁ ਕੱਲਿ੍	Chalan Aj K Kalih Dhhurahu Furamaaeiaa ||2||	One must depart, today or tomorrow, according to the Lord's Primal Order. ||2||	(ਇਸੇ ਤਰ੍ਹਾਂ ਹੀ) ਧੁਰੋਂ ਇਹ ਫੁਰਮਾਨ ਭੀ ਹੈ ਕਿ ਇਥੋਂ ਅੱਜ ਭਲਕ ਤੁਰ ਭੀ ਜਾਣਾ ਹੈ ॥੨॥
16924	369	ਬਿਰਥਾ ਜਨਮੁ ਤਿਨਾ ਜਿਨ੍ਹੀ ਨਾਮੁ ਵਿਸਾਰਿਆ॥		Birathhaa Janam Thinaa Jinhee Naam Visaariaa ||	Useless are the lives of those, who have forgotten the Naam.	(ਹੇ ਭਾਈ!) ਜਿਨ੍ਹਾਂ ਮਨੁੱਖਾਂ ਨੇ (ਜਗਤ ਵਿਚ ਆ ਕੇ) ਪਰਮਾਤਮਾ ਦਾ ਨਾਮ ਭੁਲਾ ਦਿੱਤਾ ਉਹਨਾਂ ਦਾ ਮਨੁੱਖਾ ਜਨਮ ਵਿਅਰਥ ਚਲਾ ਗਿਆ।
16925	369	ਜੂਐ ਖੇਲਣੁ ਜਗਿ ਕਿ ਇਹੁ ਮਨੁ ਹਾਰਿਆ॥੩॥	ਜੱਗਿ	Jooai Khaelan Jag K Eihu Man Haariaa ||3||	They play the game of chance in this world, and lose their mind. ||3||	ਉਹਨਾਂ ਨੇ ਜਗਤ ਵਿਚ (ਆ ਕੇ) ਜੂਏ ਦੀ ਖੇਡ ਹੀ ਖੇਡੀ (ਤੇ ਇਸ ਖੇਡ ਵਿਚ) ਆਪਣਾ ਮਨ (ਵਿਕਾਰਾਂ ਦੀ ਹੱਥੀਂ) ਹਾਰ ਦਿੱਤਾ ॥੩॥

16926	369	ਜੀਵਣਿ ਮਰਣਿ ਸੁਖੁ ਹੋਇ ਜਿਨ੍ਹਾ ਗੁਰੁ ਪਾਇਆ॥		Jeevan Maran Sukh Hoe Jinhaa Gur Paaeiaa ||	Those who have found the Guru are at peace, in life and in death.	ਜਿਨ੍ਹਾਂ ਮਨੁੱਖਾਂ ਨੂੰ ਗੁਰੂ ਮਿਲ ਪਿਆ ਉਹਨਾਂ ਨੇ (ਸਾਰੇ) ਜੀਵਨ ਵਿਚ (ਭੀ) ਆਤਮਕ ਆਨੰਦ ਮਾਣਿਆ, ਤੇ ਮਰਨ ਵਿਚ ਭੀ (ਮਰਨ ਵੇਲੇ ਭੀ) ਸੁਖ ਹੀ ਪ੍ਰਤੀਤ ਕੀਤਾ,
16927	369	ਨਾਨਕ ਸਚੇ ਸਚਿ ਸਚਿ ਸਮਾਇਆ॥੪॥੧੨॥੬੪॥		Naanak Sachae Sach Sach Samaaeiaa ||4||12||64||	O Nanak, the true ones are truly absorbed into the True Lord. ||4||12||64||	(ਕਿਉਂਕਿ) ਹੇ ਨਾਨਕ! ਉਹ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਹੀ ਸਦਾ ਲੀਨ ਰਹੇ ਅਤੇ ਸਦਾ-ਥਿਰ ਪ੍ਰਭੂ ਦਾ ਰੂਪ ਬਣੇ ਰਹੇ (ਸਦਾ-ਥਿਰ ਪ੍ਰਭੂ ਨਾਲ ਇਕ-ਇਕ ਹੋਏ ਰਹੇ) ॥੪॥੧੨॥੬੪॥
16928	369	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	
16929	369	ਜਨਮੁ ਪਦਾਰਥੁ ਪਾਇ ਨਾਮੁ ਧਿਆਇਆ॥		Janam Padhaarathh Paae Naam Dhhiaaeiaa ||	Having obtained the treasure of this human birth, I meditate on the Naam, the Name of the Lord.	(ਹੇ ਭਾਈ!) ਜਿਨ੍ਹਾਂ ਮਨੁੱਖਾਂ ਨੇ ਕੀਮਤੀ ਮਨੁੱਖਾ ਜਨਮ ਹਾਸਲ ਕਰ ਕੇ ਪਰਮਾਤਮਾ ਦਾ ਨਾਮ ਸਿਮਰਿਆ,
16930	369	ਗੁਰ ਪਰਸਾਦੀ ਬੁਝਿ ਸਚਿ ਸਮਾਇਆ॥੧॥	ਬੁੱਝਿ	Gur Parasaadhee Bujh Sach Samaaeiaa ||1||	By Guru's Grace, I understand, and I am absorbed into the True Lord. ||1||	ਗੁਰੂ ਦੀ ਕਿਰਪਾ ਨਾਲ (ਉਹ ਮਨੁੱਖਾ ਜਨਮ ਦੀ ਕਦਰ) ਸਮਝ ਕੇ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਗਏ ॥੧॥

16931	369	ਜਿਨ੍ ਧੁਰਿ ਲਿਖਿਆ ਲੇਖੁ ਤਿਨੀ ਨਾਮੁ ਕਮਾਇਆ॥		Jinh Dhhur Likhiaa Laekh Thinhee Naam Kamaaeiaa ||	Those who have such pre-ordained destiny practice the Naam.	(ਹੇ ਭਾਈ!) ਉਹਨਾਂ ਮਨੁੱਖਾਂ ਨੇ ਹੀ ਪਰਮਾਤਮਾ ਦੇ ਨਾਮ ਸਿਮਰਨ ਦਾ ਕਮਾਈ ਕੀਤੀ ਹੈ ਜਿਨ੍ਹਾਂ ਦੇ ਮੱਥੇ ਉੱਤੇ ਧੁਰ ਦਰਗਾਹ ਤੋਂ ਇਹ ਕਮਾਈ ਕਰਨ ਦਾ ਲੇਖ ਲਿਖਿਆ ਹੋਇਆ ਹੈ (ਜਿਨ੍ਹਾਂ ਦੇ ਅੰਦਰ ਸਿਮਰਨ ਕਰਨ ਦੇ ਸੰਸਕਾਰ ਮੌਜੂਦ ਹਨ)।
16932	369	ਦਰਿ ਸਚੈ ਸਚਿਆਰ ਮਹਲਿ ਬੁਲਾਇਆ॥੧॥ਰਹਾਉ॥		Dhar Sachai Sachiaar Mehal Bulaaeiaa ||1|| Rehaao ||	The True Lord summons the truthful to the Mansion of His Presence. ||1||Pause||	ਉਹ ਮਨੁੱਖ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਦਰ ਤੇ ਸੁਰਖ਼ਰੂ ਹੁੰਦੇ ਹਨ ਉਹਨਾਂ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਸੱਦਿਆ ਜਾਂਦਾ ਹੈ (ਆਦਰ ਮਿਲਦਾ ਹੈ) ॥੧॥ ਰਹਾਉ ॥
16933	369	ਅੰਤਰਿ ਨਾਮੁ ਨਿਧਾਨੁ ਗੁਰਮੁਖਿ ਪਾਈਐ॥		Anthar Naam Nidhhaan Guramukh Paaeeai ||	Deep within is the treasure of the Naam; it is obtained by the Gurmukh.	(ਹੇ ਭਾਈ!) ਨਾਮ-ਖ਼ਜ਼ਾਨਾ ਹਰੇਕ ਮਨੁੱਖ ਦੇ ਅੰਦਰ ਮੌਜੂਦ ਹੈ, ਪਰ ਇਹ ਲੱਭਦਾ ਹੈ ਗੁਰੂ ਦੀ ਸਰਨ ਪਿਆਂ।
16934	369	ਅਨ ਦਿਨੁ ਨਾਮੁ ਧਿਆਇ ਹਰਿ ਗੁਣ ਗਾਈਐ॥੨॥		Anadhin Naam Dhhiaae Har Gun Gaaeeai ||2||	Night and day, meditate on the Naam, and sing the Glorious Praises of the Lord. ||2||	(ਇਸ ਵਾਸਤੇ) ਹਰ ਰੋਜ਼ ਪਰਮਾਤਮਾ ਦਾ ਨਾਮ ਸਿਮਰ ਕੇ (ਆਉ, ਗੁਰੂ ਦੀ ਰਾਹੀਂ) ਪਰਮਾਤਮਾ ਦੇ ਗੁਣ ਗਾਂਦੇ ਰਹੀਏ ॥੨॥

16935	369	ਅੰਤਰਿ ਵਸਤੁ ਅਨੇਕ ਮਨਮੁਖਿ ਨਹੀ ਪਾਈਐ॥		Anthar Vasath Anaek Manamukh Nehee Paaeeai ||	Deep within are infinite substances, but the self-willed manmukh does not find them.	(ਹੇ ਭਾਈ!) ਨਾਮ-ਪਦਾਰਥ ਹਰੇਕ ਦੇ ਅੰਦਰ ਹੈ (ਪਰਮਾਤਮਾ ਵਾਲੇ) ਅਨੇਕਾਂ (ਗੁਣ) ਹਰੇਕ ਦੇ ਅੰਦਰ ਹਨ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਕੁਝ ਭੀ ਨਹੀਂ ਲੱਭਦਾ।
16936	369	ਹਉਮੈ ਗਰਬੈ ਗਰਬੁ ਆਪਿ ਖੁਆਈਐ॥੩॥		Houmai Garabai Garab Aap Khuaaeeai ||3||	In egotism and pride, the mortal's proud self consumes him. ||3||	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਆਪਣੀ ਹਉਮੈ ਦੇ ਕਾਰਨ (ਆਪਣੀ ਸੂਝ-ਬੂਝ ਦਾ ਹੀ) ਅਹੰਕਾਰ ਕਰਦਾ ਰਹਿੰਦਾ ਹੈ, (ਤੇ ਇਸ ਤਰ੍ਹਾਂ) ਆਪ ਹੀ (ਪਰਮਾਤਮਾ ਤੋਂ) ਵਿਛੁੜਿਆ ਰਹਿੰਦਾ ਹੈ ॥੩॥
16937	369	ਨਾਨਕ ਆਪੇ ਆਪਿ ਆਪਿ ਖੁਆਈਐ॥	(ਖੁਆਈਐ) ਖੁੰਝਿਆ	Naanak Aapae Aap Aap Khuaaeeai ||	O Nanak, his identity consumes his identical identity.	ਹੇ ਨਾਨਕ! ਮਨਮੁਖ ਮਨੁੱਖ ਸਦਾ ਆਪ ਹੀ (ਆਪਣੀ ਹੀ ਮਨਮੁਖਤਾ ਦੇ ਕਾਰਨ) ਪਰਮਾਤਮਾ ਤੋਂ ਵਿੱਛੁੜਿਆ ਰਹਿੰਦਾ ਹੈ।
16938	369	ਗੁਰਮਤਿ ਮਨਿ ਪਰਗਾਸੁ ਸਚਾ ਪਾਈਐ॥੪॥੧੩॥੬੫॥		Guramath Man Paragaas Sachaa Paaeeai ||4||13||65||	Through the Guru's Teachings, the mind is illumined, and meets the True Lord. ||4||13||65||	ਗੁਰੂ ਦੀ ਮਤਿ ਤੇ ਤੁਰਿਆਂ ਮਨ ਵਿਚ ਚਾਨਣ ਹੋ ਜਾਂਦਾ ਹੈ, ਤੇ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਮਿਲ ਪੈਂਦਾ ਹੈ ॥੪॥੧੩॥੬੫॥
16939	369	ਰਾਗੁ ਆਸਾਵਰੀ ਘਰੁ ੧੬ ਕੇ ੨ ਮਹਲਾ ੪ ਸੁਧੰਗ॥	੧੬ ਨੂੰ ਸੋਲ੍ਹਵੇਂ, ੨ ਨੂੰ ਦੋ ਪੜ੍ਹੋ, ਭਾਵ ਸੋਲਵੇਂ ਘਰ ਦੇ ਦੋ ਸ਼ਬਦ ਆਉਣਗੇ	Raag Aasaavaree Ghar 16 Kae 2 Mehalaa 4 Sudhhanga	Raag Aasaavaree, 2 Of Sixteenth House, Fourth Mehl, Sudhang:	ਰਾਗ ਆਸਾਵਰੀ, ਘਰ ੧੬ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਸੁਗੰਧ'।

16940	369	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
16941	369	ਹਉ ਅਨ ਦਿਨੁ ਹਰਿ ਨਾਮੁ ਕੀਰਤਨੁ ਕਰਉ॥		Ho Anadhin Har Naam Keerathan Karo ||	Night and day, I sing the Kirtan, the Praises of the Name of the Lord.	(ਹੇ ਭਾਈ!) ਮੈਂ ਹਰ ਵੇਲੇ ਪਰਮਾਤਮਾ ਦਾ ਨਾਮ ਜਪਦਾ ਹਾਂ, ਮੈਂ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹਾਂ।
16942	369	ਸਤਿਗੁਰਿ ਮੋਕਉ ਹਰਿ ਨਾਮੁ ਬਤਾਇਆ ਹਉ ਹਰਿ ਬਿਨੁ ਖਿਨੁ ਪਲੁ ਰਹਿ ਨ ਸਕਉ॥੧॥ਰਹਾਉ॥	ਮੋਕਉ	Sathigur Mo Ko Har Naam Bathaaeiaa Ho Har Bin Khin Pal Rehi N Sako ||1|| Rehaao ||	The True Guru has revealed to me the Name of the Lord; without the Lord, I cannot live, for a moment, even an instant. ||1||Pause||	(ਜਦੋਂ ਦੀ) ਗੁਰੂ ਨੇ ਮੈਨੂੰ ਪਰਮਾਤਮਾ ਦੇ ਨਾਮ ਦੀ ਦੱਸ ਪਾਈ ਹੈ (ਤਦੋਂ ਤੋਂ) ਮੈਂ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਇਕ ਘੜੀ ਪਲ ਭੀ ਨਹੀਂ ਰਹਿ ਸਕਦਾ ॥੧॥ ਰਹਾਉ ॥
16943	369	ਹਮਰੈ ਸ੍ਰਵਣੁ ਸਿਮਰਨੁ ਹਰਿ ਕੀਰਤਨੁ ਹਉ ਹਰਿ ਬਿਨੁ ਰਹਿ ਨ ਸਕਉਹਉ ਇਕੁ ਖਿਨੁ॥	ਸਕਉ-ਹਉ	Hamarai Sravan Simaran Har Keerathan Ho Har Bin Rehi N Sako Ho Eik Khin ||	My ears hear the Lord's Kirtan, and I contemplate Him; without the Lord, I cannot live, even for an instant.	(ਹੇ ਭਾਈ!) ਮੇਰੇ ਪਾਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਨੀ ਤੇ ਪਰਮਾਤਮਾ ਦਾ ਨਾਮ ਜਪਣਾ ਹੀ (ਰਾਸ-ਪੂੰਜੀ) ਹੈ, ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਮੈਂ ਇਕ ਪਲ ਭੀ ਨਹੀਂ ਰਹਿ ਸਕਦਾ।

16944	369	ਜੈਸੇ ਹੰਸੁ ਸਰਵਰ ਬਿਨੁ ਰਹਿ ਨ ਸਕੈ ਤੈਸੇ ਹਰਿ ਜਨੁ ਕਿਉ ਰਹੈ ਹਰਿ ਸੇਵਾ ਬਿਨੁ॥੧॥		Jaisae Hans Saravar Bin Rehi N Sakai Thaisae Har Jan Kio Rehai Har Saevaa Bin ||1||	As the swan cannot live without the lake, how can the Lord's slave live without serving Him? ||1||	ਜਿਵੇਂ ਹੰਸ ਸਰੋਵਰ ਤੋਂ ਬਿਨਾ ਨਹੀਂ ਰਹਿ ਸਕਦਾ ਤਿਵੇਂ ਪਰਮਾਤਮਾ ਦਾ ਭਗਤ ਪਰਮਾਤਮਾ ਦੀ ਸੇਵਾ-ਭਗਤੀ ਤੋਂ ਬਿਨਾ ਨਹੀਂ ਰਹਿ ਸਕਦਾ ॥੧॥
16945	369	ਕਿਨਹੂੰ ਪ੍ਰੀਤਿ ਲਾਈ ਦੂਜਾ ਭਾਉ ਰਿਦ ਧਾਰਿ ਕਿਨਹੂੰ ਪ੍ਰੀਤਿ ਲਾਈ ਮੋਹ ਅਪਮਾਨ॥		Kinehoon Preeth Laaee Dhoojaa Bhaao Ridh Dhhaar Kinehoon Preeth Laaee Moh Apamaan ||	Some enshrine love for duality in their hearts, and some pledge love for worldly attachments and ego.	(ਹੇ ਭਾਈ!) ਕਿਸੇ ਮਨੁੱਖ ਨੇ ਮਾਇਆ ਦਾ ਪਿਆਰ ਹਿਰਦੇ ਵਿਚ ਟਿਕਾ ਕੇ ਮਾਇਆ ਨਾਲ ਪ੍ਰੀਤ ਜੋੜੀ ਹੋਈ ਹੈ, ਕਿਸੇ ਨੇ ਮੋਹ ਤੇ ਅਹੰਕਾਰ ਨਾਲ ਪ੍ਰੀਤ ਜੋੜੀ ਹੋਈ ਹੈ,
16946	369	ਹਰਿ ਜਨ ਪ੍ਰੀਤਿ ਲਾਈ ਹਰਿ ਨਿਰਬਾਣ ਪਦ ਨਾਨਕ ਸਿਮਰਤ ਹਰਿ ਹਰਿ ਭਗਵਾਨ॥੨॥੧੪॥੬੬॥		Har Jan Preeth Laaee Har Nirabaan Padh Naanak Simarath Har Har Bhagavaan ||2||14||66||	The Lord's servant embraces love for the Lord and the state of Nirvaanaa; Nanak contemplates the Lord, the Lord God. ||2||14||66||	ਪਰ ਹੇ ਨਾਨਕ! ਪਰਮਾਤਮਾ ਦੇ ਭਗਤਾਂ ਨੇ ਪਰਮਾਤਮਾ ਨਾਲ ਪ੍ਰੀਤ ਲਾਈ ਹੋਈ ਹੈ। ਉਹ ਸਦਾ ਵਾਸ਼ਨਾ-ਰਹਿਤ ਅਵਸਥਾ ਮਾਣਦੇ ਹਨ, ਉਹ ਸਦਾ ਹਰਿ-ਭਗਵਾਨ ਨੂੰ ਸਿਮਰਦੇ ਰਹਿੰਦੇ ਹਨ ॥੨॥੧੪॥੬੬॥

16947	369	ਆਸਾਵਰੀ ਮਹਲਾ ੪॥		Aasaavaree Mehalaa 4 ||	Aasaavaree, Fourth Mehl:	
16948	369	ਮਾਈ ਮੋਰੋ ਪ੍ਰੀਤਮੁ ਰਾਮੁ ਬਤਾਵਹੁ ਰੀ ਮਾਈ॥		Maaee Moro Preetham Raam Bathaavahu Ree Maaee ||	O mother, my mother, tell me about my Beloved Lord.	ਹੇ ਮਾਂ! ਮੈਨੂੰ ਦੱਸ ਪਿਆਰਾ ਰਾਮ (ਕਿਥੇ ਹੈ?
16949	369	ਹਉ ਹਰਿ ਬਿਨੁ ਖਿਨੁ ਪਲੁ ਰਹਿ ਨ ਸਕਉ ਜੈਸੇ ਕਰਹਲੁ ਬੇਲਿ ਰੀਝਾਈ॥੧॥ਰਹਾਉ ॥	(ਕਰਹਲੁ) ਬੇਮੁਹਾਰਾ ਊਠ	Ho Har Bin Khin Pal Rehi N Sako Jaisae Karehal Bael Reejhaaee ||1|| Rehaao ||	Without the Lord, I cannot live for a moment, even an instant; I love Him, like the camel loves the vine. ||1||Pause||	ਮੈਂ ਉਸ ਹਰੀ (ਦੇ ਦਰਸਨ) ਤੋਂ ਬਿਨਾ ਇਕ ਖਿਨ ਭੀ, ਇਕ ਪਲ ਭੀ (ਸੁਖੀ) ਨਹੀਂ ਰਹਿ ਸਕਦਾ। ਉਸ ਨੂੰ ਵੇਖ ਕੇ ਮੇਰਾ ਮਨ ਇਉਂ ਖ਼ੁਸ਼ ਹੁੰਦਾ ਹੈ) ਜਿਵੇਂ ਊਂਠ ਦਾ ਬੱਚਾ ਵੇਲਾਂ ਵੇਖ ਵੇਖ ਕੇ ਖ਼ੁਸ਼ ਹੁੰਦਾ ਹੈ ॥੧॥ ਰਹਾਉ ॥
16950	369	ਹਮਰਾ ਮਨੁ ਬੈਰਾਗ ਬਿਰਕਤੁ ਭਇਓ ਹਰਿ ਦਰਸਨ ਮੀਤ ਕੈ ਤਾਈ॥	(ਬਿਰਕਤੁ) ਉਦਾਸ। ਤਾਈਂ	Hamaraa Man Bairaag Birakath Bhaeiou Har Dharasan Meeth Kai Thaaee ||	My mind has become sad and distant, longing for the Blessed Vision of the Lord's Darshan, my Friend.	(ਹੇ ਮਾਂ!) ਮਿੱਤਰ ਪ੍ਰਭੂ ਦੇ ਦਰਸਨ ਦੀ ਖ਼ਾਤਰ ਮੇਰਾ ਮਨ ਉਤਾਵਲਾ ਹੋ ਰਿਹਾ ਹੈ, ਮੇਰਾ ਮਨ (ਦੁਨੀਆ ਵਲੋਂ) ਉਪਰਾਮ ਹੋਇਆ ਪਿਆ ਹੈ।

16951	369	ਜੈਸੇ ਅਲਿ ਕਮਲਾ ਬਿਨੁ ਰਹਿ ਨ ਸਕੈ ਤੈਸੇ ਮੋਹਿ ਹਰਿ ਬਿਨੁ ਰਹਨੁ ਨ ਜਾਈ॥੧॥	ਅਲਿ:ਪੋਲਾ ਬੋਲੋ। (ਅਲਿ) ਭੌਰਾ। (ਕਮਲਾ) ਕਵਲ ਫੁੱਲ	Jaisae Al Kamalaa Bin Rehi N Sakai Thaisae Mohi Har Bin Rehan N Jaaee ||1||	As the bumblebee cannot live without the lotus, I cannot live without the Lord. ||1||	ਜਿਵੇਂ ਭੌਰਾ ਕੌਲ-ਫੁੱਲ ਤੋਂ ਬਿਨਾ ਨਹੀਂ ਰਹਿ ਸਕਦਾ, ਤਿਵੇਂ ਮੈਥੋਂ ਭੀ ਪਰਮਾਤਮਾ (ਦੇ ਦਰਸਨ) ਤੋਂ ਬਿਨਾ ਰਿਹਾ ਨਹੀਂ ਜਾ ਸਕਦਾ ॥੧॥
16952	370	ਰਾਖੁ ਸਰਣਿ ਜਗਦੀਸੁਰ ਪਿਆਰੇ ਮੋਹਿ ਸਰਧਾ ਪੂਰਿ ਹਰਿ ਗੁਸਾਈ॥	ਜੱਗਦੀਸੁਰ। ਗੁਸਾਂਈਂ	Raakh Saran Jagadheesur Piaarae Mohi Saradhhaa Poor Har Gusaaee ||	Keep me under Your Protection, O Beloved Master of the Universe; fulfill my faith, O Lord of the World.	ਹੇ ਜਗਤ ਦੇ ਮਾਲਕ! ਹੇ ਪਿਆਰੇ! ਹੇ ਹਰੀ! ਹੇ ਧਰਤੀ ਦੇ ਖਸਮ! ਮੈਨੂੰ ਆਪਣੀ ਸਰਨ ਵਿਚ ਰੱਖ, ਮੇਰੀ ਇਹ ਤਾਂਘ ਪੂਰੀ ਕਰ।
16953	370	ਜਨ ਨਾਨਕ ਕੈ ਮਨਿ ਅਨਦੁ ਹੋਤ ਹੈ ਹਰਿ ਦਰਸਨੁ ਨਿਮਖ ਦਿਖਾਈ॥੨॥੩੯॥ ੧੩॥੧੫॥੬੭॥		Jan Naanak Kai Man Anadh Hoth Hai Har Dharasan Nimakh Dhikhaaee ||2||39||13||15||67||	Servant Nanak's mind is filled with bliss, when he beholds the Blessed Vision of the Lord's Darshan, even for an instant. ||2||39||13||15||67||	(ਜਦੋਂ ਤੇਰਾ ਦਰਸਨ ਹੁੰਦਾ ਹੈ ਜਦੋਂ ਤੇਰੇ) ਦਾਸ ਨਾਨਕ ਦੇ ਮਨ ਵਿਚ ਚਾਉ ਪੈਦਾ ਹੋ ਜਾਂਦਾ ਹੈ, ਹੇ ਹਰੀ! (ਮੈਨੂੰ ਨਾਨਕ ਨੂੰ) ਅੱਖ ਝਮਕਣ ਜਿਤਨੇ ਸਮੇ ਵਾਸਤੇ ਹੀ ਆਪਣਾ ਦਰਸਨ ਦੇਹ ॥੨॥੩੯॥੧੩॥੧੫॥੬੭॥
16954	370	ਰਾਗੁ ਆਸਾ ਘਰੁ ੨ ਮਹਲਾ ੫		Raag Aasaa Ghar 2 Mehalaa 5	Raag Aasaa, Second House, Fifth Mehl:	ਰਾਗ ਆਸਾ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

16955	370	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
16956	370	ਜਿਨਿ ਲਾਈ ਪ੍ਰੀਤਿ ਸੋਈ ਫਿਰਿ ਖਾਇਆ॥		Jin Laaee Preeth Soee Fir Khaaeiaa ||	One who loves her, is ultimately devoured.	ਜਿਸ ਮਨੁੱਖ ਨੇ (ਇਸ ਮਾਇਆ ਨਾਲ) ਪਿਆਰ ਪਾਇਆ, ਉਹੀ ਪਰਤ ਕੇ ਖਾਧਾ ਗਿਆ (ਮਾਇਆ ਨੇ ਉਸੇ ਨੂੰ ਹੀ ਖਾ ਲਿਆ)।
16957	370	ਜਿਨਿ ਸੁਖਿ ਬੈਠਾਲੀ ਤਿਸੁ ਭਉ ਬਹੁਤੁ ਦਿਖਾਇਆ॥		Jin Sukh Baithaalee This Bho Bahuth Dhikhaaeiaa ||	One who seats her in comfort, is totally terrified by her.	ਜਿਸ ਨੇ (ਇਸ ਨੂੰ) ਆਦਰ ਦੇ ਕੇ ਆਪਣੇ ਕੋਲ ਬਿਠਾਇਆ ਉਸ ਨੂੰ (ਇਸ ਮਾਇਆ ਨੇ) ਬੜਾ ਡਰ ਵਿਖਾਲਿਆ।
16958	370	ਭਾਈ ਮੀਤ ਕੁਟੰਬ ਦੇਖਿ ਬਿਬਾਦੇ॥	(ਬਿ-ਬਾਦੇ) ਝਗੜਾ ਕਰਦੇ ਹਨ	Bhaaee Meeth Kuttanb Dhaekh Bibaadhae ||	Siblings, friends and family, beholding her, argue.	ਭਰਾ ਮਿੱਤਰ ਪਰਵਾਰ (ਦੇ ਜੀਵ, ਸਾਰੇ ਹੀ ਇਸ ਮਾਇਆ ਨੂੰ) ਵੇਖ ਕੇ (ਆਪੋ ਵਿਚ) ਲੜ ਪੈਂਦੇ ਹਨ।
16959	370	ਹਮ ਆਈ ਵਸਗਤਿ ਗੁਰ ਪਰਸਾਦੇ॥੧॥	ਵੱਸ-ਗਤਿ। ਗਤਿ: ਪੋਲਾ ਬੋਲੋ	Ham Aaee Vasagath Gur Parasaadhae ||1||	But she has come under my control, by Guru's Grace. ||1||	ਗੁਰੂ ਦੀ ਕਿਰਪਾ ਨਾਲ ਇਹ ਸਾਡੇ ਵੱਸ ਵਿਚ ਆ ਗਈ ਹੈ ॥੧॥
16960	370	ਐਸਾ ਦੇਖਿ ਬਿਮੋਹਿਤ ਹੋਏ॥	(ਬਿ-ਮੋਹਿਤ) ਬਿਨਾ ਮੋਹ ਤੋਂ ਹੋਇ	Aisaa Dhaekh Bimohith Hoeae ||	Beholding her, all are bewitched:	(ਮਾਇਆ ਨੂੰ) ਵੇਖ ਕੇ ਇਹ ਸਾਰੇ ਬਹੁਤ ਮਸਤ ਹੋ ਜਾਂਦੇ ਹਨ-

16961	370	ਸਾਧਿਕ ਸਿਧ ਸੁਰਦੇਵ ਮਨੁਖਾ ਬਿਨੁ ਸਾਧੂ ਸਭਿ ਧ੍ਰੋਹਨਿ ਧ੍ਰੋਹੇ॥੧॥ਰਹਾਉ॥	(ਸੁਰਦੇਵ) ਦੇਵਤਿਆਂ ਦਾ ਸੁਆਮੀ ਇੰਦ੍ਰ। (ਧ੍ਰੋਹਨਿ) ਠੱਗਣੀ ਮਾਇਆ। (ਦੂਜਾ ਪਾਠ: ਸੁਰ ਦੇਵ)	Saadhhik Sidhh Suradhaev Manukhaa Bin Saadhhoo Sabh Dhhrohan Dhhrohae ||1|| Rehaao ||	The strivers, the Siddhas, the demi-gods, angels and mortals. All, except the Saadhus, are deceived by her deception. ||1||Pause||	ਸਾਧਨ ਕਰਨ ਵਾਲੇ ਜੋਗੀ, ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਦੇਵਤੇ, ਮਨੁੱਖ (ਸਭ ਦੀ ਇਹ ਹਾਲਤ ਹੈ।) ਗੁਰੂ ਤੋਂ ਬਿਨਾ ਹੋਰ ਇਹ ਸਾਰੇ ਠਗਣੀ (ਮਾਇਆ) ਦੇ ਹੱਥੀਂ ਠੱਗੇ ਜਾਂਦੇ ਹਨ ॥੧॥ ਰਹਾਉ ॥
16962	370	ਇਕਿ ਫਿਰਹਿ ਉਦਾਸੀ ਤਿਨ੍ ਕਾਮਿ ਵਿਆਪੈ॥		Eik Firehi Oudhaasee Thinh Kaam Viaapai ||	Some wander around as renunciates, but they are engrossed in sexual desire.	ਅਨੇਕਾਂ ਬੰਦੇ ਤਿਆਗੀ ਬਣ ਕੇ ਤੁਰੇ ਫਿਰਦੇ ਹਨ (ਪਰ) ਉਹਨਾਂ ਨੂੰ (ਇਹ ਮਾਇਆ) ਕਾਮ-ਵਾਸ਼ਨਾ ਦੀ ਸ਼ਕਲ ਵਿਚ ਆ ਦਬਾਂਦੀ ਹੈ।
16963	370	ਇਕਿ ਸੰਚਹਿ ਗਿਰਹੀ ਤਿਨ੍ ਹੋਇ ਨ ਆਪੈ॥	(ਸੰਚਹਿ) ਇਕੱਠੀ ਕਰਦੇ। (ਆਪੈ) ਆਪਣੀ	Eik Sanchehi Girehee Thinh Hoe N Aapai ||	Some grow rich as householders, but she does not belong to them.	ਇੱਕ ਗ੍ਰਿਹਸਤੀ ਹੋ ਕੇ (ਮਾਇਆ) ਇਕੱਠੀ ਕਰਦੇ ਹਨ, ਪਰ (ਇਹ ਮਾਇਆ) ਉਨ੍ਹਾਂ ਦੀ ਆਪਣੀ ਨਹੀਂ ਬਣਦੀ।
16964	370	ਇਕਿ ਸਤੀ ਕਹਾਵਹਿ ਤਿਨ ਬਹੁਤੁ ਕਲਪਾਵੈ॥	(ਸਤੀ) ਦਾਨੀ। (ਕਲਪਾਵੈ) ਦੁਖੀ ਕਰਦੀ। ਕਹਾਵਹਿ	Eik Sathee Kehaavehi Thinh Bahuth Kalapaavai ||	Some call themselves men of charity, and she torments them terribly.	ਅਨੇਕਾਂ ਬੰਦੇ (ਆਪਣੇ ਆਪ ਨੂੰ) ਦਾਨੀ ਅਖਵਾਂਦੇ ਹਨ, ਉਹਨਾਂ ਨੂੰ (ਭੀ) ਇਹ ਬਹੁਤ ਦੁਖੀ ਕਰਦੀ ਹੈ।
16965	370	ਹਮ ਹਰਿ ਰਾਖੇ ਲਗਿ ਸਤਿਗੁਰ ਪਾਵੈ॥੨॥		Ham Har Raakhae Lag Sathigur Paavai ||2||	The Lord has saved me, by attaching me to the Feet of the True Guru. ||2||	ਸਤਿਗੁਰੂ ਦੇ ਚਰਨੀ ਲਗਣ ਕਰ ਕੇ ਸਾਨੂੰ ਪਰਮਾਤਮਾ ਨੇ (ਇਸ ਮਾਇਆ ਦੇ ਪੰਜੇ ਤੋਂ) ਬਚਾ ਲਿਆ ਹੈ ॥੨॥

16966	370	ਤਪੁ ਕਰਤੇ ਤਪਸੀ ਭੂਲਾਏ॥	ਤ-ਪੱਸੀ	Thap Karathae Thapasee Bhoolaaeae ||	She leads astray the penitents who practice penance.	ਤਪ ਕਰ ਰਹੇ ਤਪਸ੍ਵੀਆਂ ਨੂੰ (ਇਸ ਮਾਇਆ ਨੇ) ਕੁਰਾਹੇ ਪਾ ਦਿੱਤਾ ਹੈ।
16967	370	ਪੰਡਿਤ ਮੋਹੇ ਲੋਭਿ ਸਬਾਏ॥	(ਸਬਾਏ) ਸਾਰੇ	Panddith Mohae Lobh Sabaaeae ||	The scholarly Pandits are all seduced by greed.	ਸਾਰੇ ਵਿਦਵਾਨ ਪੰਡਿਤ ਲੋਕ ਲੋਭ ਵਿਚ ਫਸ ਕੇ (ਮਾਇਆ ਦੀ ਹੱਥੀਂ) ਠੱਗੇ ਗਏ।
16968	370	ਤ੍ਰੈ ਗੁਣ ਮੋਹੇ ਮੋਹਿਆ ਆਕਾਸੁ॥	(ਤ੍ਰੈ ਗੁਣ) ਤ੍ਰੈ ਗੁਣੀ ਜੀਵ। (ਆਕਾਸੁ) ਦੇਵਤੇ	Thrai Gun Mohae Mohiaa Aakaas ||	The world of the three qualities is enticed, and the heavens are enticed.	ਸਾਰੇ ਤ੍ਰੈ-ਗੁਣੀ ਜੀਵ ਠੱਗੇ ਜਾ ਰਹੇ ਹਨ, ਦੇਵਤੇ ਭੀ ਠੱਗੇ ਜਾ ਰਹੇ ਹਨ।
16969	370	ਹਮ ਸਤਿਗੁਰ ਰਾਖੇ ਦੇ ਕਰਿ ਹਾਥੁ॥੩॥		Ham Sathigur Raakhae Dhae Kar Haathh ||3||	The True Guru has saved me, by giving me His Hand. ||3||	ਸਾਨੂੰ ਤਾਂ ਗੁਰੂ ਨੇ ਆਪਣਾ ਹੱਥ ਦੇ ਕੇ (ਇਸ ਪਾਸੋਂ) ਬਚਾ ਲਿਆ ਹੈ ॥੩॥
16970	370	ਗਿਆਨੀ ਕੀ ਹੋਇ ਵਰਤੀ ਦਾਸਿ॥		Giaanee Kee Hoe Varathee Dhaas ||	She is the slave of those who are spiritually wise.	ਜੇਹੜਾ ਮਨੁੱਖ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ (ਇਹ ਮਾਇਆ) ਉਸ ਦੀ ਦਾਸੀ ਬਣ ਕੇ ਕਾਰ ਕਰਦੀ ਹੈ,
16971	370	ਕਰ ਜੋੜੇ ਸੇਵਾ ਕਰੇ ਅਰਦਾਸਿ॥		Kar Jorrae Saevaa Karae Aradhaas ||	With her palms pressed together, she serves them and offers her prayer:	ਉਸ ਦੇ ਅੱਗੇ (ਦੋਵੇਂ) ਹੱਥ ਜੋੜਦੀ ਹੈ ਉਸ ਦੀ ਸੇਵਾ ਕਰਦੀ ਹੈ, ਉਸ ਅੱਗੇ ਬੇਨਤੀ ਕਰਦੀ ਹੈ,
16972	370	ਜੋ ਤੂੰ ਕਹਹਿ ਸੁ ਕਾਰ ਕਮਾਵਾ॥		Jo Thoon Kehehi S Kaar Kamaavaa ||	"Whatever you wish, that is what I shall do."	(ਤੇ ਆਖਦੀ ਹੈ-) ਮੈਂ ਉਹੀ ਕਾਰ ਕਰਾਂਗੀ ਜੇਹੜੀ ਤੂੰ ਆਖੇਂ।

16973	370	ਜਨ ਨਾਨਕ ਗੁਰਮੁਖਿ ਨੇੜਿ ਨ ਆਵਾ॥੪॥੧॥		Jan Naanak Guramukh Naerr N Aavaa ||4||1||	O servant Nanak, she does not draw near to the Gurmukh. ||4||1||	ਹੇ ਦਾਸ ਨਾਨਕ! (ਮਾਇਆ ਆਖਦੀ ਹੈ) ਮੈਂ ਉਸ ਮਨੁੱਖ ਦੇ ਨੇੜੇ ਨਹੀਂ ਢੁਕਾਂਗੀ (ਮੈਂ ਉਸ ਮਨੁੱਖ ਉਤੇ ਆਪਣਾ ਦਬਾਉ ਨਹੀਂ ਪਾਵਾਂਗੀ) ਜਿਹੜਾ ਗੁਰੂ ਦੀ ਸਰਨ ਪੈਂਦਾ ਹੈ ॥੪॥੧॥
16974	370	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
16975	370	ਸਸੂ ਤੇ ਪਿਰਿ ਕੀਨੀ ਵਾਖਿ॥	(ਸੱਸੂ) ਸੱਸ ਅਵਿੱਦਿਆ। (ਪਿਰਿ) ਪਤੀ ਪ੍ਰਮਾਤਮਾ ਜੀ	Sasoo Thae Pir Keenee Vaakh ||	I have been separated from my Beloved by Maya (my mother-in-law).	(ਗੁਰੂ ਦੀ ਕਿਰਪਾ ਨਾਲ ਮੈਨੂੰ ਪ੍ਰਭੂ-ਪਤੀ ਮਿਲਿਆ) ਪਤੀ ਨੇ ਮੈਨੂੰ (ਆਗਿਆਨਤਾ) ਸੱਸ ਤੋਂ ਵੱਖ ਕਰ ਲਿਆ ਹੈ,
16976	370	ਦੇਰ ਜਿਠਾਣੀ ਮੁਈ ਦੂਖਿ ਸੰਤਾਪਿ॥	(ਦੇਰ) ਦਰਾਣੀ ਆਸਾ, ਜਿਠਾਣੀ ਤ੍ਰਿਸ਼ਨਾ। (ਸੰਤਾਪਿ) ਸਾੜਾ	Dhaer Jithaanee Muee Dhookh Santhaap ||	Hope and desire (my younger brother-in-law and sister-in-law) are dying of grief.	ਮੇਰੀ ਦਿਰਾਣੀ ਜਿਠਾਣੀ (ਆਸਾ ਤ੍ਰਿਸ਼ਨਾ, ਇਸ) ਦੁੱਖ ਕਲੇਸ਼ ਨਾਲ ਮਰ ਗਈ ਹੈ (ਕਿ ਮੈਨੂੰ ਪਤੀ ਮਿਲ ਪਿਆ ਹੈ)।
16977	370	ਘਰ ਕੇ ਜਿਠੇਰੇ ਕੀ ਚੂਕੀ ਕਾਣਿ॥	(ਜਿਠੇਰੇ) ਧਰਮਰਾਜ। (ਕਾਣਿ) ਡਰ	Ghar Kae Jithaerae Kee Chookee Kaan ||	I am no longer swayed by the fear of Death (my elder brother-in-law).	(ਮੇਰੇ ਉਤੇ) ਜੇਠ (ਧਰਮ-ਰਾਜ) ਦੀ ਭੀ ਧੌਂਸ ਨਹੀਂ ਰਹੀ।
16978	370	ਪਿਰਿ ਰਖਿਆ ਕੀਨੀ ਸੁਘੜ ਸੁਜਾਣਿ॥੧॥	(ਸੁਘੜ) ਸੁਚੱਜੇ। (ਸੁਜਾਣਿ) ਸਿਆਣੇ	Pir Rakhiaa Keenee Sugharr Sujaan ||1||	I am protected by my All-knowing, Wise Husband Lord. ||1||	ਸੁਚੱਜੇ ਸਿਆਣੇ ਪਤੀ ਨੇ ਮੈਨੂੰ (ਇਹਨਾਂ ਸਭਨਾਂ ਤੋਂ) ਬਚਾ ਲਿਆ ਹੈ ॥੧॥

16979	370	ਸੁਨਹੁ ਲੋਕਾ ਮੈ ਪ੍ਰੇਮ ਰਸੁ ਪਾਇਆ॥		Sunahu Lokaa Mai Praem Ras Paaeiaa ||	Listen, O people: I have tasted the elixir of love.	ਹੇ ਲੋਕੋ! ਸੁਣੋ, (ਗੁਰੂ ਦੀ ਕਿਰਪਾ ਨਾਲ) ਮੈਂ ਪਰਮਾਤਮਾ ਦੇ ਪਿਆਰ ਦਾ ਆਨੰਦ ਮਾਣਿਆ ਹੈ,
16980	370	ਦੁਰਜਨ ਮਾਰੇ ਵੈਰੀ ਸੰਘਾਰੇ ਸਤਿਗੁਰਿ ਮੋਕਉ ਹਰਿ ਨਾਮੁ ਦਿਵਾਇਆ॥੧॥ਰਹਾਉ॥	ਕਾਮਾਦਿ (ਦੁਰਜਨ) ਖੋਟੇ ਆਦਮੀ	Dhurajan Maarae Vairee Sanghaarae Sathigur Mo Ko Har Naam Dhivaaeiaa ||1|| Rehaao ||	The evil ones are dead, and my enemies are destroyed. The True Guru has given me the Name of the Lord. ||1||Pause||	ਗੁਰੂ ਨੇ ਮੈਨੂੰ ਪਰਮਾਤਮਾ ਦੇ ਨਾਮ ਦੀ ਦਾਤਿ ਦਿੱਤੀ ਹੈ (ਉਸ ਦੀ ਬਰਕਤਿ ਨਾਲ) ਮੈਂ ਭੈੜੇ ਭਾਵ ਮਾਰ ਲਏ ਹਨ (ਕਾਮਾਦਿਕ) ਵੈਰੀ ਮੁਕਾ ਲਏ ਹਨ ॥੧॥ ਰਹਾਉ ॥
16981	370	ਪ੍ਰਥਮੇ ਤਿਆਗੀ ਹਉਮੈ ਪ੍ਰੀਤਿ॥		Prathhamae Thiaagee Houmai Preeth ||	First, I renounced my egotistical love of myself.	(ਜਦੋਂ ਗੁਰੂ ਦੀ ਕਿਰਪਾ ਨਾਲ ਮੈਨੂੰ ਪ੍ਰਭੂ-ਪਤੀ ਮਿਲਿਆ, ਤਾਂ ਸਭ ਤੋਂ) ਪਹਿਲਾਂ ਮੈਂ ਹਉਮੈ ਨੂੰ ਪਿਆਰਨਾ ਛੱਡ ਦਿੱਤਾ,
16982	370	ਦੁਤੀਆ ਤਿਆਗੀ ਲੋਗਾ ਰੀਤਿ॥	(ਦੁਤੀਆ) ਦੂਜਾ। (ਲੋਗਾ ਰੀਤਿ) ਲੋਕ ਲਾਜ	Dhutheeaa Thiaagee Logaa Reeth ||	Second, I renounced the ways of the world.	ਫਿਰ ਮੈਂ ਲੋਕਾਚਾਰੀ ਰਸਮਾਂ ਛੱਡੀਆਂ,
16983	370	ਤ੍ਰੈ ਗੁਣ ਤਿਆਗਿ ਦੁਰਜਨ ਮੀਤ ਸਮਾਨੇ॥		Thrai Gun Thiaag Dhurajan Meeth Samaanae ||	Renouncing the three qualities, I look alike upon friend and enemy.	ਫਿਰ ਮੈਂ ਮਾਇਆ ਦੇ ਤਿੰਨੇ ਗੁਣ ਛੱਡ ਕੇ ਵੈਰੀ ਤੇ ਮਿੱਤਰ ਇਕੋ ਜਿਹੇ (ਮਿੱਤਰ ਹੀ) ਸਮਝ ਲਏ।

16984	370	ਤੁਰੀਆ ਗੁਣੁ ਮਿਲਿ ਸਾਧ ਪਛਾਨੇ॥੨॥	(ਤੁਰੀਆ) ਚੌਥਾ ਪਦ	Thureeaa Gun Mil Saadhh Pashhaanae ||2||	And then, the fourth state of bliss was revealed to me by the Holy One. ||2||	ਗੁਰੂ ਨੂੰ ਮਿਲ ਕੇ ਮੈਂ ਉਸ ਗੁਣ ਨਾਲ ਸਾਂਝ ਪਾ ਲਈ ਜੇਹੜਾ (ਮਾਇਆ ਦੇ ਤਿੰਨਾਂ ਗੁਣਾਂ ਤੋਂ ਉਤਾਂਹ) ਚੌਥੇ ਆਤਮਕ ਦਰਜੇ ਤੇ ਅਪੜਾਂਦਾ ਹੈ ॥੨॥
16985	370	ਸਹਜ ਗੁਫਾ ਮਹਿ ਆਸਣੁ ਬਾਧਿਆ॥		Sehaj Gufaa Mehi Aasan Baadhhiaa ||	In the cave of celestial bliss, I have obtained a seat.	(ਜੋਗੀ ਗੁਫਾ ਵਿਚ ਬੈਠ ਕੇ ਆਸਣ ਲਾਂਦਾ ਹੈ। ਜਦੋਂ ਗੁਰੂ ਦੀ ਕਿਰਪਾ ਨਾਲ ਮੈਨੂੰ ਪ੍ਰਭੂ-ਪਤੀ ਮਿਲਿਆ ਤਾਂ ਮੈਂ) ਆਤਮਕ ਅਡੋਲਤਾ (ਦੀ) ਗੁਫਾ ਵਿਚ ਆਪਣਾ ਆਸਣ ਜਮਾ ਲਿਆ।
16986	370	ਜੋਤਿ ਸਰੂਪ ਅਨਾਹਦੁ ਵਾਜਿਆ॥		Joth Saroop Anaahadh Vaajiaa ||	The Lord of Light plays the unstruck melody of bliss.	ਮੇਰੇ ਅੰਦਰ ਨਿਰੇ ਨੂਰ ਹੀ ਨੂਰ-ਰੂਪ ਪਰਮਾਤਮਾ ਦੇ ਮਿਲਾਪ ਦਾ ਇਕ-ਰਸ ਵਾਜਾ ਵੱਜਣ ਲੱਗ ਪਿਆ।
16987	370	ਮਹਾ ਅਨੰਦੁ ਗੁਰ ਸਬਦੁ ਵੀਚਾਰਿ॥		Mehaa Anandh Gur Sabadh Veechaar ||	I am in ecstasy, contemplating the Word of the Guru's Shabad.	ਗੁਰੂ ਦੇ ਸ਼ਬਦ ਵਿਚਾਰ ਵਿਚਾਰ ਕੇ ਮੇਰੇ ਅੰਦਰ ਵੱਡਾ ਆਤਮਕ ਆਨੰਦ ਪੈਦਾ ਹੋ ਰਿਹਾ ਹੈ।
16988	370	ਪ੍ਰਿਅ ਸਿਉ ਰਾਤੀ ਧਨ ਸੋਹਾਗਣਿ ਨਾਰਿ॥੩॥		Pria Sio Raathee Dhhan Sohaagan Naar ||3||	Imbued with my Beloved Husband Lord, I am the blessed, happy soul-bride. ||3||	(ਹੇ ਲੋਕੋ!) ਧੰਨ ਹੈ ਉਹ (ਜੀਵ-) ਇਸਤ੍ਰੀ, ਭਾਗਾਂ ਵਾਲੀ ਹੈ ਉਹ (ਜੀਵ-) ਇਸਤ੍ਰੀ ਜੇਹੜੀ (ਪ੍ਰਭੂ-) ਪਤੀ ਦੇ ਪਿਆਰ-ਰੰਗ ਨਾਲ ਰੰਗੀ ਗਈ ਹੈ ॥੩॥
16989	370	ਜਨ ਨਾਨਕੁ ਬੋਲੈ ਬ੍ਰਹਮ ਬੀਚਾਰੁ॥		Jan Naanak Bolae Breham Beechaar ||	Servant Nanak chants the wisdom of God;	(ਹੇ ਭਾਈ!) ਦਾਸ ਨਾਨਕ ਪਰਮਾਤਮਾ ਦੇ ਗੁਣਾਂ ਦਾ ਵਿਚਾਰ ਹੀ ਉਚਾਰਦਾ ਰਹਿੰਦਾ ਹੈ।

16990	370	ਜੋ ਸੁਣੇ ਕਮਾਵੈ ਸੁ ਉਤਰੈ ਪਾਰਿ॥		Jo Sunae Kamaavai S Outharai Paar ||	One who listens and practices it, is carried across and saved.	ਜੇਹੜਾ ਭੀ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਦਾ ਹੈ ਤੇ ਉਸ ਅਨੁਸਾਰ ਆਪਣਾ ਜੀਵਨ ਉੱਚਾ ਕਰਦਾ ਹੈ ਉਹ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ।
16991	370	ਜਨਮਿ ਨ ਮਰੈ ਨ ਆਵੈ ਨ ਜਾਇ॥		Janam N Marai N Aavai N Jaae ||	He is not born, and he does not die; he does not come or go.	ਉਹ (ਮੁੜ ਮੁੜ) ਨਾਹ ਜੰਮਦਾ ਹੈ ਨਾਹ ਮਰਦਾ ਹੈ ਉਹ (ਜਗਤ ਵਿਚ ਮੁੜ ਮੁੜ) ਨਾਹ ਆਉਂਦਾ ਹੈ ਨਾਹ (ਇਥੋਂ ਮੁੜ ਮੁੜ) ਜਾਂਦਾ ਹੈ।
16992	370	ਹਰਿ ਸੇਤੀ ਓਹੁ ਰਹੈ ਸਮਾਇ॥੪॥੨॥		Har Saethee Ouhu Rehai Samaae ||4||2||	He remains blended with the Lord. ||4||2||	ਉਹ ਸਦਾ ਪਰਮਾਤਮਾ ਦੀ ਯਾਦ ਵਿਚ ਲੀਨ ਰਹਿੰਦਾ ਹੈ ॥੪॥੨॥
16993	370	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
16994	370	ਨਿਜ ਭਗਤੀ ਸੀਲਵੰਤੀ ਨਾਰਿ॥		Nij Bhagathee Seelavanthee Naar ||	The bride shows such special devotion, and has such an agreeable disposition.	ਆਤਮਾ ਦੇ ਕੰਮ ਆਉਣ ਵਾਲੀ (ਪਰਮਾਤਮਾ ਦੀ) ਭਗਤੀ (ਮਾਨੋ) ਮਿੱਠੇ ਸੁਭਾਵ ਵਾਲੀ ਇਸਤ੍ਰੀ ਹੈ,
16995	370	ਰੂਪਿ ਅਨੂਪ ਪੂਰੀ ਆਚਾਰਿ॥	(ਅਨੂਪ) ਉਪਮਾ ਰਹਿਤ	Roop Anoop Pooree Aachaar ||	Her beauty is incomparable, and her character is perfect.	(ਜੋ) ਰੂਪ ਵਿਚ ਬੇਮਿਸਾਲ ਹੈ (ਜੋ) ਆਚਰਣ ਵਿਚ ਮੁਕੰਮਲ ਹੈ।

16996	370	ਜਿਤੁ ਗ੍ਰਿਹਿ ਵਸੈ ਸੋ ਗ੍ਰਿਹੁ ਸੋਭਾਵੰਤਾ॥		Jith Grihi Vasai So Grihu Sobhaavanthaa ||	The house in which she dwells is such a praiseworthy house.	ਜਿਸ (ਹਿਰਦੇ-) ਘਰ ਵਿਚ (ਇਹ ਇਸਤ੍ਰੀ) ਵੱਸਦੀ ਹੈ ਉਹ ਘਰ ਸੋਭਾ ਵਾਲਾ ਬਣ ਜਾਂਦਾ ਹੈ,
16997	370	ਗੁਰਮੁਖਿ ਪਾਈ ਕਿਨੈ ਵਿਰਲੈ ਜੰਤਾ॥੧॥		Guramukh Paaee Kinai Viralai Janthaa ||1||	But rare are those who, as Gurmukh, attain that state||1||	ਪਰ ਕਿਸੇ ਵਿਰਲੇ ਜੀਵ ਨੇ ਗੁਰੂ ਦੀ ਸਰਨ ਪੈ ਕੇ (ਇਹ ਇਸਤ੍ਰੀ) ਪ੍ਰਾਪਤ ਕੀਤੀ ਹੈ ॥੧॥
16998	370	ਸੁਕਰਣੀ ਕਾਮਣਿ ਗੁਰ ਮਿਲਿ ਹਮ ਪਾਈ॥	ਸੁ-ਕਰਣੀਕੱਾਮਣਿ	Sukaranee Kaaman Gur Mil Ham Paaee ||	As the soul-bride of pure actions, I have met with the Guru.	(ਹੇ ਭਾਈ!) ਗੁਰੂ ਨੂੰ ਮਿਲ ਕੇ ਮੈਂ ਸ੍ਰੇਸ਼ਟ ਕਰਣੀ (-ਰੂਪ) ਇਸਤ੍ਰੀ ਹਾਸਲ ਕੀਤੀ ਹੈ,
16999	371	ਜਜਿ ਕਾਜਿ ਪਰਥਾਇ ਸੁਹਾਈ॥੧॥ਰਹਾਉ॥	ਜਜਿ:ਪੋਲਾ ਬੋਲੋ। (ਜਜਿ) ਪੂਜਾ। (ਕਾਜਿ) ਵਿਆਹ ਆਦਿ ਕੰਮ। (ਪਰਥਾਇ) ਰੀਤ ਰਸਮ। (ਸੁਹਾਈ) ਸੋਭਨੀਕ	Jaj Kaaj Parathhaae Suhaaee ||1|| Rehaao ||	In worship, marriage and in the next world, such a soul-bride looks beautiful. ||1||Pause||	ਜੇਹੜੀ ਵਿਆਹ ਸ਼ਾਦੀਆਂ ਵਿਚ ਹਰ ਥਾਂ ਸੋਹਣੀ ਲੱਗਦੀ ਹੈ ॥੧॥ ਰਹਾਉ ॥
17000	371	ਜਿਚਰੁ ਵਸੀ ਪਿਤਾ ਕੈ ਸਾਥਿ॥	ਜਿੱਚਰੁ	Jichar Vasee Pithaa Kai Saathh ||	As long as she lived with her father,	(ਇਹ ਭਗਤੀ-ਰੂਪ ਇਸਤ੍ਰੀ) ਜਿਤਨਾ ਚਿਰ ਗੁਰੂ ਦੇ ਪਾਸ ਹੀ ਰਹਿੰਦੀ ਹੈ,
17001	371	ਤਿਚਰੁ ਕੰਤੁ ਬਹੁ ਫਿਰੈ ਉਦਾਸਿ॥	ਤਿੱਚਰੁ	Thichar Kanth Bahu Firai Oudhaas ||	Her Husband wandered around in sadness.	ਉਤਨਾ ਚਿਰ ਜੀਵ ਬਹੁਤ ਭਟਕਦਾ ਫਿਰਦਾ ਹੈ।
17002	371	ਕਰਿ ਸੇਵਾ ਸਤ ਪੁਰਖੁ ਮਨਾਇਆ॥		Kar Saevaa Sath Purakh Manaaeiaa ||	I served and surrendered to the Lord, the True Being;	ਜਦੋਂ (ਗੁਰੂ ਦੀ ਰਾਹੀਂ ਜੀਵ ਨੇ) ਸੇਵਾ ਕਰ ਕੇ ਪਰਮਾਤਮਾ ਨੂੰ ਪ੍ਰਸੰਨ ਕੀਤਾ,

17003	371	ਗੁਰਿ ਆਣੀ ਘਰ ਮਹਿ ਤਾ ਸਰਬ ਸੁਖ ਪਾਇਆ॥੨॥	ਗੁਰਾਂ ਦੁਆਰਾ ਰਿਦੇ ਰੂਪੀ ਘਰ ਚ ਪ੍ਰੇਮਾ-ਭਗਤੀ (ਆਣੀ) ਲਿਆਂਦੀ	Gur Aanee Ghar Mehi Thaa Sarab Sukh Paaeiaa ||2||	The Guru brought my bride to my home, and I obtained total happiness. ||2||	ਤਦੋਂ ਗੁਰੂ ਨੇ (ਇਸ ਦੇ ਹਿਰਦੇ-) ਘਰ ਵਿਚ ਲਿਆ ਬਿਠਾਈ ਤੇ ਇਸ ਨੇ ਸਾਰੇ ਸੁਖ ਆਨੰਦ ਪ੍ਰਾਪਤ ਕਰ ਲਏ ॥੨॥
17004	371	ਬਤੀਹ ਸੁਲਖਣੀ ਸਚੁ ਸੰਤਤਿ ਪੂਤ॥	ਦਇਆ ਨਿਮ੍ਰਤਾ ਧੀਰਜ ਲੱਜਾ ਆਦਿ (ਬੱਤੀਹ ਸੁ-ਲੱਖਣੀ) ਬੱਤੀ ਸ਼ੁਭ ਲੱਛਣ। (ਸੰਤਤਿ) ਔਲਾਦ	Batheeh Sulakhanee Sach Santhath Pooth ||	She is blessed with all sublime attributes,	(ਇਹ ਭਗਤੀ-ਰੂਪ ਇਸਤ੍ਰੀ ਦਇਆ, ਨਿਮ੍ਰਤਾ, ਲੱਜਾ ਆਦਿਕ) ਬੱਤੀ ਸੋਹਣੇ ਲੱਛਣਾਂ ਵਾਲੀ ਹੈ, ਸਦਾ-ਥਿਰ ਪਰਮਾਤਮਾ ਦਾ ਨਾਮ ਇਸ ਦੀ ਸੰਤਾਨ ਹੈ, ਪੁੱਤਰ ਹਨ,
17005	371	ਆਗਿਆਕਾਰੀ ਸੁਘੜ ਸਰੂਪ॥		Aagiaakaaree Sugharr Saroop ||	And her generations are unblemished.	(ਇਹ ਇਸਤ੍ਰੀ) ਆਗਿਆ ਵਿਚ ਤੁਰਨ ਵਾਲੀ ਹੈ, ਸੁਚੱਜੀ ਹੈ, ਸੋਹਣੇ ਰੂਪ ਵਾਲੀ ਹੈ।
17006	371	ਇਛ ਪੂਰੇ ਮਨ ਕੰਤ ਸੁਆਮੀ॥		Eishh Poorae Man Kanth Suaamee ||	Her Husband, her Lord and Master, fulfills her heart's desires.	ਜੀਵ-ਕੰਤ ਖਸਮ ਦੀ (ਹਰੇਕ) ਇੱਛਾ ਇਹ ਪੂਰੀ ਕਰਦੀ ਹੈ,
17007	371	ਸਗਲ ਸੰਤੋਖੀ ਦੇਰ ਜੇਠਾਨੀ॥੩॥		Sagal Santhokhee Dhaer Jaethaanee ||3||	Hope and desire (my younger brother-in-law and sister-in-law) are now totally content. ||3||	ਦਿਰਾਣੀ ਜਿਠਾਣੀ (ਆਸਾ ਤ੍ਰਿਸ਼ਨਾ) ਨੂੰ ਇਹ ਹਰ ਤਰ੍ਹਾਂ ਸੰਤੋਖ ਦੇਂਦੀ ਹੈ (ਸ਼ਾਂਤ ਕਰਦੀ ਹੈ) ॥੩॥
17008	371	ਸਭ ਪਰਵਾਰੈ ਮਾਹਿ ਸਰੇਸਟ॥		Sabh Paravaarai Maahi Saraesatt ||	She is the most noble of all the family.	(ਮਿੱਠਾ ਬੋਲ, ਨਿਮ੍ਰਤਾ, ਸੇਵਾ, ਦਾਨ, ਦਇਆ) ਸਾਰੇ (ਆਤਮਕ) ਪਰਵਾਰ ਵਿਚ (ਭਗਤੀ) ਸਭ ਤੋਂ ਉੱਤਮ ਹੈ,

17009	371	ਮਤੀ ਦੇਵੀ ਦੇਵਰ ਜੇਸਟ॥	(ਮੱਤੀ) ਬੁੱਧੀ	Mathee Dhaevee Dhaevar Jaesatt ||	She counsels and advises her hope and desire.	ਸਾਰੇ ਦਿਉਰਾਂ ਜੇਠਾਂ (ਗਿਆਨ-ਇੰਦ੍ਰਿਆਂ) ਨੂੰ ਮੱਤਾਂ ਦੇਣ ਵਾਲੀ ਹੈ (ਚੰਗੇ ਰਾਹੇ ਪਾਣ ਵਾਲੀ ਹੈ)।
17010	371	ਧੰਨੁ ਸੁ ਗ੍ਰਿਹੁ ਜਿਤੁ ਪ੍ਰਗਟੀ ਆਇ॥		Dhhann S Grihu Jith Pragattee Aae ||	How blessed is that household, in which she has appeared.	ਉਹ ਹਿਰਦਾ-ਘਰ ਭਾਗਾਂ ਵਾਲਾ ਹੈ, ਜਿਸ ਘਰ ਵਿਚ (ਇਹ ਭਗਤੀ-ਇਸਤ੍ਰੀ) ਆ ਦਰਸ਼ਨ ਦੇਂਦੀ ਹੈ,
17011	371	ਜਨ ਨਾਨਕ ਸੁਖੇ ਸੁਖਿ ਵਿਹਾਇ॥੪॥੩॥		Jan Naanak Sukhae Sukh Vihaae ||4||3||	O servant Nanak, she passes her time in perfect peace and comfort. ||4||3||	ਹੇ ਦਾਸ ਨਾਨਕ! (ਆਖ-) ਜਿਸ ਮਨੁੱਖ ਦੇ ਹਿਰਦੇ ਵਿਚ ਪਰਗਟ ਹੁੰਦੀ ਹੈ ਉਸ ਦੀ ਉਮਰ) ਸੁਖ ਆਨੰਦ ਵਿਚ ਬੀਤਦੀ ਹੈ ॥੪॥੩॥
17012	371	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17013	371	ਮਤਾ ਕਰਉ ਸੋ ਪਕਨਿ ਨ ਦੇਈ॥	ਮਤਾ: ਪੋਲਾ ਬੋਲੋ। ਪੱਕਨਿ	Mathaa Karo So Pakan N Dhaeee ||	Whatever I resolve, she does not allow it to come to pass.	(ਆਤਮਕ ਅਡੋਲਤਾ ਵਾਸਤੇ) ਮੈਂ ਜੇਹੜੀ ਭੀ ਸਲਾਹ ਕਰਦਾ ਹਾਂ ਉਸ ਨੂੰ (ਇਹ ਮਾਇਆ) ਸਿਰੇ ਨਹੀਂ ਚੜ੍ਹਨ ਦੇਂਦੀ,
17014	371	ਸੀਲ ਸੰਜਮ ਕੈ ਨਿਕਟਿ ਖਲੋਈ॥		Seel Sanjam Kai Nikatt Khaloee ||	She stands blocking the way of goodness and self-discipline.	ਮਿੱਠੇ ਸੁਭਾਉ ਅਤੇ ਸੰਜਮ ਦੇ ਇਹ ਹਰ ਵੇਲੇ ਨੇੜੇ (ਰਾਖੀ ਬਣ ਕੇ) ਖਲੋਤੀ ਰਹਿੰਦੀ ਹੈ (ਇਸ ਵਾਸਤੇ ਮੈਂ ਨਾਹ ਸੀਲ ਹਾਸਲ ਕਰ ਸਕਦਾ ਹਾਂ, ਨਾਹ ਸੰਜਮ)।
17015	371	ਵੇਸ ਕਰੇ ਬਹੁ ਰੂਪ ਦਿਖਾਵੈ॥		Vaes Karae Bahu Roop Dhikhaavai ||	She wears many disguises, and assumes many forms,	(ਇਹ ਮਾਇਆ) ਅਨੇਕਾਂ ਵੇਸ ਕਰਦੀ ਹੈ ਅਨੇਕਾਂ ਰੂਪ ਵਿਖਾਂਦੀ ਹੈ,

17016	371	ਗ੍ਰਿਹਿ ਬਸਨਿ ਨ ਦੇਈ ਵਖਿ ਵਖਿ ਭਰਮਾਵੈ॥੧॥		Grihi Basan N Dhaeee Vakh Vakh Bharamaavai ||1||	And she does not allow me to dwell in my own home. She forces me to wander around in different directions. ||1||	ਹਿਰਦੇ-ਘਰ ਵਿਚ ਇਹ ਮੈਨੂੰ ਟਿਕਣ ਨਹੀਂ ਦੇਂਦੀ, ਕਈ ਤਰੀਕਿਆਂ ਨਾਲ ਭਟਕਾਂਦੀ ਫਿਰਦੀ ਹੈ ॥੧॥
17017	371	ਘਰ ਕੀ ਨਾਇਕਿ ਘਰ ਵਾਸੁ ਨ ਦੇਵੈ॥	(ਨਾਇਕਿ) ਮਾਲਕ	Ghar Kee Naaeik Ghar Vaas N Dhaevai ||	She has become the mistress of my home, and she does not allow me to live in it.	(ਇਹ ਮਾਇਆ ਮੇਰੇ) ਹਿਰਦੇ-ਘਰ ਦੀ ਮਾਲਕ ਬਣ ਬੈਠੀ ਹੈ, ਮੈਨੂੰ ਘਰ ਦਾ ਵਸੇਬਾ ਦੇਂਦੀ ਹੀ ਨਹੀਂ (ਮੈਨੂੰ ਆਤਮਕ ਅਡੋਲਤਾ ਨਹੀਂ ਮਿਲਣ ਦੇਂਦੀ)।
17018	371	ਜਤਨ ਕਰਉ ਉਰਝਾਇ ਪਰੇਵੈ॥੧॥ਰਹਾਉ॥	(ਉਰਝਾਇ) ਫਸਾ ਲੈਂਦੀ ਹੈ ਪੰਛੀ ਨਿਆਈਂ। ਮਾਇਆ(ਪਰੇਵੈ) ਪੈਂਦੀ ਹੈ।	Jathan Karo Ourajhaae Paraevai ||1|| Rehaao ||	If I try, she fights with me. ||1||Pause||	ਜੇ ਮੈਂ (ਆਤਮਕ ਅਡੋਲਤਾ ਲਈ) ਜਤਨ ਕਰਦਾ ਹਾਂ, ਤਾਂ ਸਗੋਂ ਵਧੀਕ ਉਲਝਣਾਂ ਪਾ ਦੇਂਦੀ ਹੈ ॥੧॥ ਰਹਾਉ ॥
17019	371	ਧੁਰ ਕੀ ਭੇਜੀ ਆਈ ਆਮਰਿ॥	ਵਾਹਿਗੁਰੂ ਜੀ ਦੇ (ਆ-ਮਰਿ) ਹੁਕਮ ਚ ਹੈ, ਇਸ ਲਈ ਅਕਾਲ ਜੀ ਦਾ ਹੁਕਮ ਮੰਨੋ	Dhhur Kee Bhaejee Aaee Aamar ||	In the beginning, she was sent as a helper,	(ਇਹ ਮਾਇਆ) ਧੁਰ ਦਰਗਾਹ ਤੋਂ ਤਾਂ ਸੇਵਕਾ ਬਣਾ ਕੇ ਭੇਜੀ ਹੋਈ (ਜਗਤ ਵਿਚ) ਆਈ ਹੈ,
17020	371	ਨਉ ਖੰਡ ਜੀਤੇ ਸਭਿ ਥਾਨ ਥਨੰਤਰ॥		No Khandd Jeethae Sabh Thhaan Thhananthar ||	But she has overwhelmed the nine continents, all places and interspaces.	(ਪਰ ਇਥੇ ਆ ਕੇ ਇਸ ਨੇ) ਨੌ ਖੰਡਾਂ ਵਾਲੀ ਸਾਰੀ ਧਰਤੀ ਜਿੱਤ ਲਈ ਹੈ, ਸਾਰੇ ਹੀ ਥਾਂ ਜਿੱਤ ਲਏ ਹਨ,

17021	371	ਤਟਿ ਤੀਰਥਿ ਨ ਛੋਡੇ ਜੋਗ ਸੰਨਿਆਸ॥	ਨਦੇਲ੍ਹੀ ਦੀਵਾ। ਤਟਿ: ਪੋਲਾ ਬੋਲੋ	Thatt Theerathh N Shhoddai Jog Sanniaas ||	She has not spared even the river banks, the sacred shrines of pilgrimage, the Yogis and Sannyaasees,	ਨਦੀਆਂ ਦੇ ਕੰਢੇ ਉਤੇ ਹਰੇਕ ਤੀਰਥ ਉਤੇ ਬੈਠੇ ਜੋਗ-ਸਾਧਨ ਕਰਨ ਵਾਲੇ ਤੇ ਸੰਨਿਆਸ ਧਾਰਨ ਵਾਲੇ ਭੀ (ਇਸ ਮਾਇਆ ਨੇ) ਨਹੀਂ ਛੱਡੇ।
17022	371	ਪੜਿ ਥਾਕੇ ਸਿੰਮ੍ਰਿਤਿ ਬੇਦ ਅਭਿਆਸ॥੨॥	ਸਿੰਮ੍ਰਿਤਿ: ਮੰਮਾ ਮੁਕਤਾ, ਅੱਧਾ ਰਾਰਾ, ਪੋਲਾ ਬੋਲ ਕੇ, ਇੱਕ ਸਿਹਾਰੀ ਅੱਧੇ ਰਾਰੇ,ਇੱਕ ਸਿਹਾਰੀ ਤੱਤੇ ਲਾਉ	Parr Thhaakae Sinmrith Baedh Abhiaas ||2||	Or those who tirelessly read the Simritees and study the Vedas. ||2||	ਸਿੰਮ੍ਰਿਤੀਆਂ ਪੜ੍ਹ ਪੜ੍ਹ ਕੇ, ਤੇ ਵੇਦਾਂ ਦੇ (ਪਾਠਾਂ ਦੇ) ਅਭਿਆਸ ਕਰ ਕਰ ਕੇ ਪੰਡਿਤ ਲੋਕ ਭੀ (ਇਸ ਦੇ ਸਾਹਮਣੇ) ਹਾਰ ਗਏ ਹਨ ॥੨॥
17023	371	ਜਹ ਬੈਸਉ ਤਹ ਨਾਲੇ ਬੈਸੈ॥		Jeh Baiso Theh Naalae Baisai ||	Wherever I sit, she sits there with me.	ਮੈਂ ਜਿਥੇ ਭੀ (ਜਾ ਕੇ) ਬੈਠਦਾ ਹਾਂ (ਇਹ ਮਾਇਆ) ਮੇਰੇ ਨਾਲ ਹੀ ਆ ਬੈਠਦੀ ਹੈ,
17024	371	ਸਗਲ ਭਵਨ ਮਹਿ ਸਬਲ ਪ੍ਰਵੇਸੈ॥	ਸਬਲ:ਪੋਲਾ ਬੋਲੋ ਮਿਲਵਾਂ। (ਸਬਲ) ਸਹਿਤ ਬਲ ਦੇ	Sagal Bhavan Mehi Sabal Pravaesai ||	She has imposed her power upon the whole world.	ਇਹ ਬੜੇ ਬਲ ਵਾਲੀ ਹੈ, ਸਾਰੇ ਹੀ ਭਵਨਾਂ ਵਿਚ ਜਾ ਪਹੁੰਚਦੀ ਹੈ,
17025	371	ਹੋਛੀ ਸਰਣਿ ਪਇਆ ਰਹਣੁ ਨ ਪਾਈ॥	(ਹੋਛੀ) ਕਮਜ਼ੋਰ	Hoshhee Saran Paeiaa Rehan N Paaee ||	Seeking meager protection, I am not protected from her.	ਕਿਸੇ ਕਮਜ਼ੋਰ ਦੀ ਸਰਨ ਪਿਆਂ ਇਹ ਮੈਥੋਂ ਪਰੇ ਨਹੀਂ ਹਟਦੀ।
17026	371	ਕਹੁ ਮੀਤਾ ਹਉ ਕੈ ਪਹਿ ਜਾਈ॥੩॥		Kahu Meethaa Ho Kai Pehi Jaaee ||3||	Tell me, O my friend: unto whom should I turn for protection? ||3||	ਸੋ, ਹੇ ਮਿੱਤਰ! ਦੱਸ, (ਇਸ ਮਾਇਆ ਤੋਂ ਖਹਿੜਾ ਛੁਡਾਣ ਲਈ) ਮੈਂ ਕਿਸ ਦੇ ਜਾਵਾਂ ॥੩॥

17027	371	ਸੁਣਿ ਉਪਦੇਸੁ ਸਤਿਗੁਰ ਪਹਿ ਆਇਆ॥		Sun Oupadhaes Sathigur Pehi Aaeiaa ||	I heard of His Teachings, and so I have come to the True Guru.	(ਸਤਸੰਗੀ ਮਿੱਤਰ ਪਾਸੋਂ) ਉਪਦੇਸ਼ ਸੁਣ ਕੇ ਮੈਂ ਗੁਰੂ ਦੇ ਪਾਸ ਆਇਆ,
17028	371	ਗੁਰਿ ਹਰਿ ਹਰਿ ਨਾਮੁ ਮੋਹਿ ਮੰਤ੍ਰੁ ਦ੍ਰਿੜਾਇਆ॥		Gur Har Har Naam Mohi Manthra Dhrirraaeiaa ||	The Guru has implanted the Mantra of the Lord's Name, Har, Har, within me.	ਗੁਰੂ ਨੇ ਪਰਮਾਤਮਾ ਦਾ ਨਾਮ-ਮੰਤ੍ਰ ਮੈਨੂੰ (ਮੇਰੇ ਹਿਰਦੇ ਵਿਚ) ਪੱਕਾ ਕਰ ਕੇ ਦੇ ਦਿੱਤਾ।
17029	371	ਨਿਜ ਘਰਿ ਵਸਿਆ ਗੁਣ ਗਾਇ ਅਨੰਤਾ॥		Nij Ghar Vasiaa Gun Gaae Ananthaa ||	And now, I dwell in the home of my own inner self; I sing the Glorious Praises of the Infinite Lord.	(ਉਸ ਨਾਮ-ਮੰਤ੍ਰ ਦੀ ਬਰਕਤਿ ਨਾਲ) ਬੇਅੰਤ ਪਰਮਾਤਮਾ ਦੇ ਗੁਣ ਗਾ ਗਾ ਕੇ ਮੈਂ ਹੁਣ ਆਪਣੇ ਹਿਰਦੇ ਵਿਚ ਆ ਵੱਸਿਆ ਹਾਂ।
17030	371	ਪ੍ਰਭੁ ਮਿਲਿਓ ਨਾਨਕ ਭਏ ਅਚਿੰਤਾ॥੪॥		Prabh Miliou Naanak Bheae Achinthaa ||4||	I have met God, O Nanak, and I have become care-free. ||4||	ਹੇ ਨਾਨਕ! (ਆਖ-ਹੁਣ ਮੈਨੂੰ) ਪਰਮਾਤਮਾ ਮਿਲ ਪਿਆ ਹੈ, ਤੇ ਮੈਂ (ਮਾਇਆ ਦੇ ਹੱਲਿਆਂ ਵਲੋਂ) ਬੇ-ਫ਼ਿਕਰ ਹੋ ਗਿਆ ਹਾਂ ॥੪॥
17031	371	ਘਰੁ ਮੇਰਾ ਇਹ ਨਾਇਕਿ ਹਮਾਰੀ॥		Ghar Maeraa Eih Naaeik Hamaaree ||	My home is now my own, and she is now my mistress.	(ਹੁਣ ਇਹ ਹਿਰਦਾ-ਘਰ) ਮੇਰਾ ਆਪਣਾ ਘਰ ਬਣ ਗਿਆ ਹੈ (ਇਹ ਮਾਇਆ) ਮਾਲਕਾ ਭੀ ਮੇਰੀ (ਦਾਸੀ) ਬਣ ਗਈ ਹੈ।

17032	371	ਇਹ ਆਮਰਿ ਹਮ ਗੁਰਿ ਕੀਏ ਦਰਬਾਰੀ॥੧॥ ਰਹਾਉ ਦੂਜਾ॥੪॥੪॥	ਰਾਮ ਜੀ ਨੇ ਦਾਸਨਦਾਸ ਨੂੰ ਸੱਚਖੰਡ ਦਰਬਾਰ ਦੇ (ਦਰਬਾਰੀ) ਮਾਲਕ ਬਣਾ ਦਿਤਾ। ਮਾਇਆ ਸਾਡੇ (ਆਮਰਿ) ਹੁਕਮ ਚ ਚੱਲਣ ਵਾਲੀ ਹੋ ਗਈ।	Eih Aamar Ham Gur Keeeae Dharabaaree ||1|| Rehaao Dhoojaa ||4||4||	She is now my servant, and the Guru has made me intimate with the Lord. ||1||Second Pause||4||4||	ਗੁਰੂ ਨੇ ਇਸ ਨੂੰ ਮੇਰੀ ਸੇਵਕਾ ਬਣਾ ਦਿੱਤਾ ਹੈ ਤੇ ਮੈਨੂੰ ਪ੍ਰਭੂ ਦੀ ਹਜ਼ੂਰੀ ਵਿਚ ਰਹਿਣ ਵਾਲਾ ਬਣਾ ਦਿੱਤਾ ਹੈ ॥੧॥ ਰਹਾਉ ਦੂਜਾ ॥੪॥੪॥
17033	371	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17034	371	ਪ੍ਰਥਮੇ ਮਤਾ ਜਿ ਪਤ੍ਰੀ ਚਲਾਵਉ॥	(ਪੱਤ੍ਰੀ) ਚਿੱਠੀ। (ਚਲਾਵਉ) ਪਾਵਾਂ। ਮਤਾ: ਪੋਲਾ ਬੋਲੋ	Prathhamae Mathaa J Pathree Chalaavo ||	First, they advised me to send a letter.	ਪਹਿਲਾਂ ਮੈਨੂੰ ਸਲਾਹ ਦਿੱਤੀ ਗਈ ਕਿ (ਵੈਰੀ ਬਣ ਕੇ ਆ ਰਹੇ ਨੂੰ) ਚਿੱਠੀ ਲਿਖ ਭੇਜਾਂ,
17035	371	ਦੁਤੀਏ ਮਤਾ ਦੁਇ ਮਾਨੁਖ ਪਹੁਚਾਵਉ॥	(ਦੁਤੀਏ) ਦੂਜਾ	Dhutheeeae Mathaa Dhue Maanukh Pahuchaavo ||	Second, they advised me to send two men.	ਫਿਰ ਸਲਾਹ ਮਿਲੀ ਕਿ ਮੈਂ (ਉਸ ਪਾਸ) ਦੋ ਮਨੁੱਖ ਅਪੜਾਵਾਂ,
17036	371	ਤ੍ਰਿਤੀਏ ਮਤਾ ਕਿਛੁ ਕਰਉ ਉਪਾਇਆ॥		Thritheeeae Mathaa Kishh Karo Oupaaeiaa ||	Third, they advised me to make the effort and do something.	ਤੀਜੀ ਸਲਾਹ ਮਿਲੀ ਕਿ ਮੈਂ ਕੋਈ ਨ ਕੋਈ ਉਪਾਉ ਜ਼ਰੂਰ ਕਰਾਂ,
17037	371	ਮੈ ਸਭੁ ਕਿਛੁ ਛੋਡਿ ਪ੍ਰਭ ਤੁਹੀ ਧਿਆਇਆ॥੧॥		Mai Sabh Kishh Shhodd Prabh Thuhee Dhhiaaeiaa ||1||	But I have renounced everything, and I meditate only on You, God. ||1||	ਪਰ ਹੇ ਪ੍ਰਭੂ! ਹੋਰ ਸਾਰੇ ਜਤਨ ਛੱਡ ਕੇ ਮੈਂ ਸਿਰਫ਼ ਤੈਨੂੰ ਹੀ ਸਿਮਰਿਆ ॥੧॥

17038	371	ਮਹਾ ਅਨੰਦ ਅਚਿੰਤ ਸਹਜਾਇਆ॥	(ਸਹਜਾਇਆ) ਸਹਜ। ਅਚਿੰਤ	Mehaa Anandh Achinth Sehajaaeiaa ||	Now, I am totally blissful, carefree and at ease.	(ਪਰਮਾਤਮਾ ਦਾ ਆਸਰਾ ਲਿਆਂ) ਬੜਾ ਆਤਮਕ ਆਨੰਦ ਮਿਲਦਾ ਹੈ, ਨਿਸਚਿੰਤਤਾ ਹੋ ਜਾਂਦੀ ਹੈ, ਆਤਮਕ ਅਡੋਲਤਾ ਪੈਦਾ ਹੋ ਜਾਂਦੀ ਹੈ,
17039	371	ਦੁਸਮਨ ਦੂਤ ਮੁਏ ਸੁਖੁ ਪਾਇਆ॥੧॥ਰਹਾਉ ॥		Dhusaman Dhooth Mueae Sukh Paaeiaa ||1|| Rehaao ||	The enemies and evil-doers have perished, and I have obtained peace. ||1||Pause||	ਸਾਰੇ ਵੈਰੀ ਦੁਸ਼ਮਨ ਮੁੱਕ ਜਾਂਦੇ ਹਨ (ਕੋਈ ਦੁਸ਼ਮਨ ਨਹੀਂ ਜਾਪਦਾ, ਕੋਈ ਵੈਰੀ ਨਹੀਂ ਜਾਪਦਾ), (ਇਸ ਤਰ੍ਹਾਂ) ਅੰਤਰ ਆਤਮੇ ਸੁਖ ਮਿਲਦਾ ਹੈ ॥੧॥ ਰਹਾਉ ॥
17040	371	ਸਤਿਗੁਰਿ ਮੋਕਉ ਦੀਆ ਉਪਦੇਸੁ॥		Sathigur Mo Ko Dheeaa Oupadhaes ||	The True Guru has imparted the Teachings to me.	ਸਤਿਗੁਰੂ ਨੇ ਮੈਨੂੰ ਸਿੱਖਿਆ ਦਿੱਤੀ,
17041	371	ਜੀਉ ਪਿੰਡੁ ਸਭੁ ਹਰਿ ਕਾ ਦੇਸੁ॥		Jeeo Pindd Sabh Har Kaa Dhaes ||	My soul, body and everything belong to the Lord.	ਕਿ ਇਹ ਜਿੰਦ ਤੇ ਇਹ ਸਰੀਰ ਸਭ ਕੁਝ ਪਰਮਾਤਮਾ ਦੇ ਰਹਿਣ ਲਈ ਥਾਂ ਹੈ।
17042	371	ਜੋ ਕਿਛੁ ਕਰੀ ਸੁ ਤੇਰਾ ਤਾਣੁ॥		Jo Kishh Karee S Thaeraa Thaan ||	Whatever I do, is by Your Almighty Power.	(ਇਸ ਵਾਸਤੇ ਹੇ ਪ੍ਰਭੂ!) ਮੈਂ ਜੋ ਕੁਝ ਭੀ ਕਰਦਾ ਹਾਂ ਤੇਰਾ ਸਹਾਰਾ ਲੈ ਕੇ ਕਰਦਾ ਹਾਂ,
17043	371	ਤੂੰ ਮੇਰੀ ਓਟ ਤੂੰਹੈ ਦੀਬਾਣੁ॥੨॥	(ਦੀਬਾਣੁ) ਆਸਰਾ	Thoon Maeree Outt Thoonhai Dheebaan ||2||	You are my only Support, You are my only Court. ||2||	ਤੂੰ ਹੀ ਮੇਰੀ ਓਟ ਹੈਂ ਤੂੰ ਹੀ ਆਸਰਾ ਹੈਂ ॥੨॥
17044	371	ਤੁਧਨੋ ਛੋਡਿ ਜਾਈਐ ਪ੍ਰਭ ਕੈਂ ਧਰਿ॥	(ਧਰਿ) ਪਾਸੇ	Thudhhano Shhodd Jaaeeai Prabh Kain Dhhar ||	If I were to renounce You, God, unto whom could I turn?	ਹੇ ਪ੍ਰਭੂ! ਤੈਨੂੰ ਛੱਡ ਕੇ ਹੋਰ ਜਾਈਏ ਭੀ ਕਿਹੜੇ ਪਾਸੇ?

17045	371	ਆਨ ਨ ਬੀਆ ਤੇਰੀ ਸਮਸਰਿ॥	(ਆਨ) ਹੋਰ। (ਬੀਆ) ਦੂਜਾ। (ਸਮਸਰਿ) ਬਰਾਬਰ	Aan N Beeaa Thaeree Samasar ||	There is no other, comparable to You.	(ਕਿਉਂਕਿ) ਤੇਰੇ ਬਰਾਬਰ ਦਾ ਦੂਜਾ ਕੋਈ ਹੈ ਹੀ ਨਹੀਂ।
17046	371	ਤੇਰੇ ਸੇਵਕ ਕਉ ਕਿਸ ਕੀ ਕਾਣਿ॥	(ਕਾਣਿ) ਮੁਥਾਜੀ	Thaerae Saevak Ko Kis Kee Kaan ||	Who else is Your servant to serve?	(ਜਿਸ ਨੂੰ ਨਿਸ਼ਚਾ ਹੋਵੇ ਉਸ) ਤੇਰੇ ਸੇਵਕ ਨੂੰ ਹੋਰ ਕਿਸ ਦੀ ਮੁਥਾਜੀ ਹੋ ਸਕਦੀ ਹੈ?
17047	371	ਸਾਕਤੁ ਭੂਲਾ ਫਿਰੈ ਬੇਬਾਣਿ॥੩॥	ਬੁਰਿਅਈਆਂ ਰੂਪੀ (ਬੇਬਾਣਿ) ਉਜਾੜ	Saakath Bhoolaa Firai Baebaan ||3||	The faithless cynics are deluded; they wander around in the wilderness. ||3||	(ਪਰ ਹੇ ਪ੍ਰਭੂ!) ਤੈਥੋਂ ਟੁੱਟਾ ਹੋਇਆ ਮਨੁੱਖ ਕੁਰਾਹੇ ਪੈ ਕੇ (ਮਾਨੋ) ਉਜਾੜ ਵਿਚ ਭਟਕਦਾ ਫਿਰਦਾ ਹੈ ॥੩॥
17048	371	ਤੇਰੀ ਵਡਿਆਈ ਕਹੀ ਨ ਜਾਇ॥		Thaeree Vaddiaaee Kehee N Jaae ||	Your Glorious Greatness cannot be described.	ਹੇ ਪ੍ਰਭੂ! ਤੂੰ ਕੇਡਾ ਵੱਡਾ ਹੈਂ ਇਹ ਗੱਲ ਮੈਥੋਂ ਬਿਆਨ ਨਹੀਂ ਕੀਤੀ ਜਾ ਸਕਦੀ,
17049	371	ਜਹ ਕਹ ਰਾਖਿ ਲੈਹਿ ਗਲਿ ਲਾਇ॥	ਗਲਿ: ਪੋਲਾ ਬੋਲੋ	Jeh Keh Raakh Laihi Gal Laae ||	Wherever I am, you save me, hugging me close in Your embrace.	ਤੂੰ ਹਰ ਥਾਂ (ਮੈਨੂੰ ਆਪਣੇ) ਗਲ ਨਾਲ ਲਾ ਕੇ ਬਚਾ ਲੈਂਦਾ ਹੈਂ।
17050	371	ਨਾਨਕ ਦਾਸ ਤੇਰੀ ਸਰਣਾਈ॥		Naanak Dhaas Thaeree Saranaaee ||	Nanak, Your slave, has entered Your Sanctuary.	ਹੇ ਦਾਸ ਨਾਨਕ! (ਆਖ-ਹੇ ਪ੍ਰਭੂ!) ਮੈਂ ਤੇਰੀ ਸਰਨ ਹੀ ਪਿਆ ਰਹਿੰਦਾ ਹਾਂ।
17051	371	ਪ੍ਰਭਿ ਰਾਖੀ ਪੈਜ ਵਜੀ ਵਾਧਾਈ॥੪॥੫॥	ਵੱਜੀ	Prabh Raakhee Paij Vajee Vaadhhaaee ||4||5||	God has preserved his honor, and congratulations are pouring in. ||4||5||	(ਹੇ ਭਾਈ!) ਪ੍ਰਭੂ ਨੇ ਮੇਰੀ ਇੱਜ਼ਤ ਰੱਖ ਲਈ ਹੈ (ਮੁਸੀਬਤਾਂ ਦੇ ਵੇਲੇ ਭੀ ਉਸ ਦੀ ਮੇਹਰ ਨਾਲ) ਮੇਰੇ ਅੰਦਰ ਚੜ੍ਹਦੀ ਕਲਾ ਪ੍ਰਬਲ ਰਹਿੰਦੀ ਹੈ ॥੪॥੫॥
17052	372	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

17053	372	ਪਰਦੇਸੁ ਝਾਗਿ ਸਉਦੇ ਕਉ ਆਇਆ॥	(ਝਾਗਿ) ਲੰਘ ਕੇ	Paradhaes Jhaag Soudhae Ko Aaeiaa ||	Having wandered through foreign lands, I have come here to do business.	ਹੇ ਸ਼ਾਹ! (ਚੌਰਾਸੀ ਲੱਖ ਜੂਨਾਂ ਵਾਲਾ) ਓਪਰਾ ਦੇਸ ਬੜੀਆਂ ਔਖਿਆਈਆਂ ਨਾਲ ਲੰਘ ਕੇ ਮੈਂ (ਤੇਰੇ ਦਰ ਤੇ ਨਾਮ ਦਾ) ਸੌਦਾ ਕਰਨ ਆਇਆ ਹਾਂ,
17054	372	ਵਸਤੁ ਅਨੂਪ ਸੁਣੀ ਲਾਭਾਇਆ॥	(ਅਨੂਪ) ਬਹੁਤ ਸੁੰਦਰ। (ਲਾਭਾਇਆ) ਲਾਭਦਾਇਕ	Vasath Anoop Sunee Laabhaaeiaa ||	I heard of the incomparable and profitable merchandise.	ਮੈਂ ਸੁਣਿਆ ਹੈ ਕਿ ਨਾਮ ਵਸਤ ਬੜੀ ਸੁੰਦਰ ਹੈ ਤੇ ਲਾਭ ਦੇਣ ਵਾਲੀ ਹੈ।
17055	372	ਗੁਣ ਰਾਸਿ ਬੰਨ੍ਹਿ ਪਲੈ ਆਨੀ॥	(ਆਨੀ) ਲਿਆਂਦੀ	Gun Raas Bannih Palai Aanee ||	I have gathered in my pockets my capital of virtue, and I have brought it here with me.	ਹੇ ਗੁਰੂ! ਮੈਂ ਗੁਣਾਂ ਦਾ ਸਰਮਾਇਆ ਪੱਲੇ ਬੰਨ੍ਹ ਕੇ ਲਿਆਂਦਾ ਹੈ,
17056	372	ਦੇਖਿ ਰਤਨੁ ਇਹੁ ਮਨੁ ਲਪਟਾਨੀ॥੧॥		Dhaekh Rathan Eihu Man Lapattaanee ||1||	Beholding the jewel, this mind is fascinated. ||1||	ਪ੍ਰਭੂ ਦਾ ਨਾਮ-ਰਤਨ ਵੇਖ ਕੇ ਮੇਰਾ ਇਹ ਮਨ (ਇਸ ਨੂੰ ਖਰੀਦਣ ਵਾਸਤੇ) ਰੀਝ ਪਿਆ ਹੈ ॥੧॥
17057	372	ਸਾਹ ਵਾਪਾਰੀ ਦੁਆਰੈ ਆਏ॥	(ਸਾਹ) ਸ਼ਾਹ ਸਤਿਗੁਰੂ ਜੀ। (ਵਾਪਾਰੀ) ਜੀਵ	Saah Vaapaaree Dhuaarai Aaeae ||	I have come to the door of the Trader.	ਹੇ ਸ਼ਾਹ! ਹੇ ਸਤਿਗੁਰੂ! ਤੇਰੇ ਦਰ ਤੇ (ਨਾਮ ਦਾ ਵਣਜ ਕਰਨ ਵਾਲੇ) ਜੀਵ-ਵਪਾਰੀ ਆਏ ਹਨ।
17058	372	ਵਖਰੁ ਕਾਢਹੁ ਸਉਦਾ ਕਰਾਏ॥੧॥ਰਹਾਉ॥	ਵੱਖਰੁ	Vakhar Kaadtahu Soudhaa Karaaeae ||1|| Rehaao ||	Please display the merchandise, so that the business may be transacted. ||1||Pause||	(ਤੂੰ ਆਪਣੇ ਖ਼ਜ਼ਾਨੇ ਵਿਚੋਂ ਨਾਮ ਦਾ) ਸੌਦਾ ਕੱਢ ਕੇ ਇਹਨਾਂ ਨੂੰ ਸੌਦਾ ਕਰਨ ਦੀ ਜਾਚ ਸਿਖਾ ॥੧॥ ਰਹਾਉ ॥

17059	372	ਸਾਹਿ ਪਠਾਇਆ ਸਾਹੈ ਪਾਸਿ॥	(ਪਠਾਇਆ) ਭੇਜਿਆ	Saahi Pathaaeiaa Saahai Paas ||	The Trader has sent me to the Banker.	(ਹੇ ਭਾਈ!) ਪਰਮਾਤਮਾ-ਸ਼ਾਹ ਨੇ ਮੈਨੂੰ ਗੁਰੂ ਦੇ ਪਾਸ ਭੇਜਿਆ।
17060	372	ਅਮੋਲ ਰਤਨ ਅਮੋਲਾ ਰਾਸਿ॥		Amol Rathan Amolaa Raas ||	The jewel is priceless, and the capital is priceless.	(ਗੁਰੂ ਦੇ ਦਰ ਤੋਂ ਮੈਨੂੰ ਉਹ) ਰਤਨ ਮਿਲ ਪਿਆ ਹੈ ਉਹ ਸਰਮਾਇਆ ਮਿਲ ਪਿਆ ਹੈ, ਦੁਨੀਆ ਵਿਚ ਜਿਸ ਦੇ ਬਰਾਬਰ ਦੀ ਕੀਮਤ ਦਾ ਕੋਈ ਪਦਾਰਥ ਨਹੀਂ ਹੈ।
17061	372	ਵਿਸਟੁ ਸੁਭਾਈ ਪਾਇਆ ਮੀਤ॥	(ਵਿਸਟੁ) ਵਿਚੋਲੇ। (ਸੁਭਾਈ) ਸ੍ਰੇਸ਼ਟ ਭਾਵਨਾ	Visatt Subhaaee Paaeiaa Meeth ||	O my gentle brother, mediator and friend	(ਪਰਮਾਤਮਾ ਦੀ ਮੇਹਰ ਨਾਲ ਮੈਨੂੰ) ਪਿਆਰ-ਭਰੇ ਹਿਰਦੇ ਵਾਲਾ ਵਿਚੋਲਾ ਮਿੱਤਰ ਮਿਲ ਪਿਆ ਹੈ,
17062	372	ਸਉਦਾ ਮਿਲਿਆ ਨਿਹਚਲ ਚੀਤ॥੨॥	(ਨਿਹਚਲ) ਅਡੋਲ	Soudhaa Miliaa Nihachal Cheeth ||2||	- I have obtained the merchandise, and my consciousness is now steady and stable. ||2||	ਉਸ ਪਾਸੋਂ ਪਰਮਾਤਮਾ ਦੇ ਨਾਮ ਦਾ ਸੌਦਾ ਲੱਭਾ ਹੈ ਤੇ ਮੇਰਾ ਮਨ ਦੁਨੀਆ ਦੇ ਪਦਾਰਥਾਂ ਵਲ ਡੋਲਣੋਂ ਹਟ ਗਿਆ ਹੈ ॥੨॥
17063	372	ਭਉ ਨਹੀ ਤਸਕਰ ਪਉਣ ਨ ਪਾਨੀ॥	(ਤਸਕਰ) ਚੋਰ	Bho Nehee Thasakar Poun N Paanee ||	I have no fear of thieves, of wind or water.	(ਹੇ ਭਾਈ! ਇਸ ਰਤਨ ਨੂੰ ਇਸ ਸਰਮਾਏ ਨੂੰ) ਚੋਰਾਂ ਤੋਂ ਖ਼ਤਰਾ ਨਹੀਂ, ਹਵਾ ਤੋਂ ਡਰ ਨਹੀਂ, ਪਾਣੀ ਤੋਂ ਡਰ ਨਹੀਂ (ਨਾਹ ਚੋਰ ਚੁਰਾ ਸਕਦੇ ਹਨ ਨਾਹ ਝੱਖੜ ਉਡਾ ਸਕਦੇ ਹਨ ਨਾਹ ਪਾਣੀ ਡੋਬ ਸਕਦਾ ਹੈ)।

17064	372	ਸਹਜਿ ਵਿਹਾਝੀ ਸਹਜਿ ਲੈ ਜਾਨੀ॥	(ਵਿਹਾਝੀ) ਖ਼੍ਰੀਦਿਆ	Sehaj Vihaajhee Sehaj Lai Jaanee ||	I have easily made my purchase, and I easily take it away.	ਆਤਮਕ ਅਡੋਲਤਾ ਦੀ ਬਰਕਤਿ ਨਾਲ ਇਹ ਰਤਨ ਮੈਂ (ਗੁਰੂ ਪਾਸੋਂ) ਖਰੀਦਿਆ ਹੈ, ਆਤਮਕ ਅਡੋਲਤਾ ਵਿਚ ਟਿਕਿਆ ਰਹਿ ਕੇ ਇਹ ਰਤਨ ਮੈਂ ਆਪਣੇ ਨਾਲ ਲੈ ਜਾਵਾਂਗਾ।
17065	372	ਸਤ ਕੈ ਖਟਿਐ ਦੁਖੁ ਨਹੀ ਪਾਇਆ॥	ਸੱਤ	Sath Kai Khattiai Dhukh Nehee Paaeiaa ||	I have earned Truth, and I shall have no pain.	ਈਮਾਨਦਾਰੀ ਨਾਲ ਖੱਟਣ ਕਰਕੇ ਇਹ ਰਤਨ ਹਾਸਲ ਕਰਨ ਵਿਚ ਮੈਨੂੰ ਕੋਈ ਦੁੱਖ ਨਹੀਂ ਸਹਾਰਨਾ ਪਿਆ,
17066	372	ਸਹੀ ਸਲਾਮਤਿ ਘਰਿ ਲੈ ਆਇਆ॥੩॥	ਸਲਾਮਤਿ	Sehee Salaamath Ghar Lai Aaeiaa ||3||	I have brought this merchandise home, safe and sound. ||3||	ਤੇ ਇਹ ਨਾਮ-ਸੌਦਾ ਮੈਂ ਸਹੀ ਸਲਾਮਤਿ ਸਾਂਭ ਕੇ ਆਪਣੇ ਹਿਰਦੇ-ਘਰ ਵਿਚ ਲੈ ਆਂਦਾ ਹੈ ॥੩॥
17067	372	ਮਿਲਿਆ ਲਾਹਾ ਭਏ ਅਨੰਦ॥		Miliaa Laahaa Bheae Anandh ||	I have earned the profit, and I am happy.	(ਹੇ ਪ੍ਰਭੂ! ਤੇਰੀ ਮੇਹਰ ਨਾਲ ਮੈਨੂੰ ਤੇਰੇ ਨਾਮ ਦਾ) ਲਾਭ ਮਿਲਿਆ ਹੈ ਤੇ ਮੇਰੇ ਅੰਦਰ ਆਨੰਦ ਪੈਦਾ ਹੋ ਗਿਆ ਹੈ।
17068	372	ਧੰਨੁ ਸਾਹ ਪੂਰੇ ਬਖਸਿੰਦ॥	(ਬਖ-ਸਿੰਦ) ਬਖ਼ਸ਼ਸ਼ਾਂ ਕਰਨ ਵਾਲੇ	Dhann Saah Poorae Bakhasindh ||	Blessed is the Banker, the Perfect Bestower.	ਹੇ ਪੂਰੀਆਂ ਬਖ਼ਸ਼ਸ਼ਾਂ ਕਰਨ ਵਾਲੇ ਸ਼ਾਹ-ਪ੍ਰਭੂ! ਮੈਂ ਤੈਨੂੰ ਹੀ ਸਲਾਹੁੰਦਾ ਹਾਂ।
17069	372	ਇਹੁ ਸਉਦਾ ਗੁਰਮੁਖਿ ਕਿਨੈ ਵਿਰਲੈ ਪਾਇਆ॥		Eihu Soudhaa Guramukh Kinai Viralai Paaeiaa ||	How rare is the Gurmukh who obtains this merchandise;	ਹੇ ਭਾਈ! ਕਿਸੇ ਵਿਰਲੇ ਭਾਗਾਂ ਵਾਲੇ ਨੇ ਗੁਰੂ ਦੀ ਸਰਨ ਪੈ ਕੇ (ਪ੍ਰਭੂ ਦੇ ਨਾਮ ਦਾ) ਸੌਦਾ ਪ੍ਰਾਪਤ ਕੀਤਾ ਹੈ।

17070	372	ਸਹਲੀ ਖੇਪ ਨਾਨਕੁ ਲੈ ਆਇਆ॥੪॥੬॥	ਸਹਲੀ:ਪੋਲਾ ਬੋਲੋ। (ਸਹਲੀ) ਸਫਲੀ। (ਖੇਪ) ਸੌਦਾ	Sehalee Khaep Naanak Lai Aaeiaa ||4||6||	Nanak has brought this profitable merchandise home. ||4||6||	(ਗੁਰੂ ਦੀ ਸਰਨ ਪੈ ਕੇ ਹੀ) ਨਾਨਕ ਭੀ ਇਹ ਲਾਹੇਵੰਦਾ ਸੌਦਾ ਖੱਟ ਸਕਿਆ ਹੈ ॥੪॥੬॥
17071	372	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17072	372	ਗੁਨੁ ਅਵਗਨੁ ਮੇਰੋ ਕਛੁ ਨ ਬੀਚਾਰੋ॥		Gun Avagan Maero Kashh N Beechaaro ||	He does not consider my merits or demerits.	(ਹੇ ਸਹੇਲੀਏ! ਮੇਰੇ ਖਸਮ ਨੇ) ਮੇਰਾ ਕੋਈ ਗੁਣ ਨਹੀਂ ਵਿਚਾਰਿਆ ਮੇਰਾ ਕੋਈ ਔਗੁਣ ਨਹੀਂ ਤੱਕਿਆ।
17073	372	ਨਹ ਦੇਖਿਓ ਰੂਪ ਰੰਗ ਸੰਗਾਰੋ॥		Neh Dhaekhiou Roop Rang Sanaeegaaro ||	He does not look at my beauty, color or decorations.	ਉਸ ਨੇ ਮੇਰਾ ਰੂਪ ਨਹੀਂ ਵੇਖਿਆ, ਰੰਗ ਨਹੀਂ ਵੇਖਿਆ, ਸਿੰਗਾਰ ਨਹੀਂ ਵੇਖਿਆ,
17074	372	ਚਜ ਅਚਾਰ ਕਿਛੁ ਬਿਧਿ ਨਹੀ ਜਾਨੀ॥	ਚੱਜ। ਬਿਧਿ: ਪੋਲਾ ਬੋਲੋ	Chaj Achaar Kishh Bidhh Nehee Jaanee ||	I do not know the ways of wisdom and good conduct.	ਮੈਂ ਕੋਈ ਸੁਚੱਜ ਨਹੀਂ ਸਾਂ ਸਿੱਖੀ ਹੋਈ, ਮੈਂ ਉੱਚੇ ਆਚਰਨ ਦਾ ਕੋਈ ਢੰਗ ਨਹੀਂ ਸਾਂ ਜਾਣਦੀ।
17075	372	ਬਾਹ ਪਕਰਿ ਪ੍ਰਿਅ ਸੇਜੈ ਆਨੀ॥੧॥		Baah Pakar Pria Saejai Aanee ||1||	But taking me by the arm, my Husband Lord has led me to His Bed. ||1||	ਫਿਰ ਭੀ (ਹੇ ਸਹੇਲੀਏ!) ਮੇਰੀ ਬਾਂਹ ਫੜ ਕੇ ਪਿਆਰੇ (ਪ੍ਰਭੂ-ਪਤੀ) ਨੇ ਮੈਨੂੰ ਆਪਣੀ ਸੇਜ ਉਤੇ ਲੈ ਆਂਦਾ ॥੧॥
17076	372	ਸੁਨਿਬੋ ਸਖੀ ਕੰਤਿ ਹਮਾਰੋ ਕੀਅਲੋ ਖਸਮਾਨਾ॥	(ਕੀਅਲੋ) ਕੀਤਾ। (ਖਸਮਾਨਾ) ਪੱਖ	Sunibo Sakhee Kanth Hamaaro Keealo Khasamaanaa ||	Hear, O my companions, my Husband, my Lord Master, possesses me.	ਹੇ (ਮੇਰੀ) ਸਹੇਲੀਏ! ਸੁਣ ਮੇਰੇ ਖਸਮ-ਪ੍ਰਭੂ ਨੇ (ਮੇਰੀ) ਸੰਭਾਲ ਕੀਤੀ ਹੈ,

17077	372	ਕਰੁ ਮਸਤਕਿ ਧਾਰਿ ਰਾਖਿਓ ਕਰਿ ਅਪੁਨਾ ਕਿਆ ਜਾਨੈ ਇਹੁ ਲੋਕੁ ਅਜਾਨਾ॥੧॥ਰਹਾਉ ॥		Kar Masathak Dhhaar Raakhiou Kar Apunaa Kiaa Jaanai Eihu Lok Ajaanaa ||1|| Rehaao ||	Placing His Hand upon my forehead, He protects me as His Own. What do these ignorant people know? ||1||Pause||	(ਮੇਰੇ) ਮੱਥੇ ਉਤੇ (ਆਪਣਾ) ਹੱਥ ਰੱਖ ਕੇ ਉਸ ਨੇ ਮੈਨੂੰ ਆਪਣੀ ਜਾਣ ਕੇ ਮੇਰੀ ਰੱਖਿਆ ਕੀਤੀ ਹੈ। ਪਰ ਇਹ ਮੂਰਖ ਜਗਤ ਇਸ (ਭੇਤ) ਨੂੰ ਕੀਹ ਸਮਝੇ? ॥੧॥ ਰਹਾਉ ॥
17078	372	ਸੁਹਾਗੁ ਹਮਾਰੋ ਅਬ ਹੁਣਿ ਸੋਹਿਓ॥		Suhaag Hamaaro Ab Hun Sohiou ||	My married life now appears so beauteous;	(ਹੇ ਸਹੇਲੀਏ!) ਹੁਣ ਮੇਰਾ ਚੰਗਾ ਸਤਾਰਾ ਚਮਕ ਪਿਆ ਹੈ,
17079	372	ਕੰਤੁ ਮਿਲਿਓ ਮੇਰੋ ਸਭੁ ਦੁਖੁ ਜੋਹਿਓ॥	(ਜੋਹਿਓ) ਦੇਖਿਆ	Kanth Miliou Maero Sabh Dhukh Johiou ||	My Husband Lord has met me, and He sees all my pains.	ਮੇਰਾ ਪ੍ਰਭੂ-ਪਤੀ ਮੈਨੂੰ ਮਿਲ ਪਿਆ ਹੈ, ਉਸ ਨੇ ਮੇਰਾ ਸਾਰਾ ਰੋਗ ਗਹੁ ਨਾਲ ਤੱਕ ਲਿਆ ਹੈ।
17080	372	ਆਂਗਨਿ ਮੇਰੈ ਸੋਭਾ ਚੰਦ॥	(ਆਂਗਨਿ) ਹਿਰਦਾ ਰੂਪ ਵਿਹੜਾ	Aangan Maerai Sobhaa Chandh ||	Within the courtyard of my heart, the glory of the moon shines.	ਮੇਰੇ (ਹਿਰਦੇ ਦੇ) ਵੇਹੜੇ ਵਿਚ ਸੋਭਾ ਦਾ ਚੰਦ ਚੜ੍ਹ ਪਿਆ ਹੈ।
17081	372	ਨਿਸਿ ਬਾਸੁਰ ਪ੍ਰਿਅ ਸੰਗਿ ਅਨੰਦ॥੨॥		Nis Baasur Pria Sang Anandh ||2||	Night and day, I have fun with my Beloved. ||2||	ਮੈਂ ਰਾਤ ਦਿਨ ਪਿਆਰੇ (ਪ੍ਰਭੂ-ਪਤੀ) ਨਾਲ ਆਨੰਦ ਮਾਣ ਰਹੀ ਹਾਂ ॥੨॥
17082	372	ਬਸਤ੍ਰ ਹਮਾਰੇ ਰੰਗਿ ਚਲੂਲ॥	(ਚਲੂਲ) ਗੂੜ੍ਹੇ ਰੰਗ ਚ	Basathr Hamaarae Rang Chalool ||	My clothes are dyed the deep crimson color of the poppy.	ਮੇਰੇ (ਸਾਲੂ ਆਦਿਕ) ਕੱਪੜੇ, ਗੂੜ੍ਹੇ ਰੰਗ ਵਿਚ ਰੰਗੇ ਗਏ ਹਨ,

17083	372	ਸਗਲ ਆਭਰਣ ਸੋਭਾ ਕੰਠਿ ਫੂਲ॥	(ਆਭਰਣ) ਗਹਣੇ	Sagal Aabharan Sobhaa Kanth Fool ||	All the ornaments and garlands around my neck adorn me.	ਸਾਰੇ ਗਹਣੇ (ਮੇਰੇ ਸਰੀਰ ਉਤੇ ਫਬ ਰਹੇ ਹਨ) ਫੁੱਲਾਂ ਦੇ ਹਾਰ ਮੇਰੇ ਗਲ ਵਿਚ ਸੋਭਾ ਦੇ ਰਹੇ ਹਨ।
17084	372	ਪ੍ਰਿਅ ਪੇਖੀ ਦ੍ਰਿਸਟਿ ਪਾਏ ਸਗਲ ਨਿਧਾਨ॥		Pria Paekhee Dhrisatt Paaeae Sagal Nidhhaan ||	Gazing upon my Beloved with my eyes, I have obtained all treasures;	(ਹੇ ਸਹੇਲੀਏ!) ਪਿਆਰੇ (ਪ੍ਰਭੂ-ਪਤੀ) ਨੇ ਮੈਨੂੰ (ਪਿਆਰ ਦੀ) ਨਿਗਾਹ ਨਾਲ ਤੱਕਿਆ ਹੈ। (ਹੁਣ, ਮਾਨੋ) ਮੈਂ ਸਾਰੇ ਹੀ ਖ਼ਜ਼ਾਨੇ ਪ੍ਰਾਪਤ ਕਰ ਲਏ ਹਨ।
17085	372	ਦੁਸਟ ਦੂਤ ਕੀ ਚੂਕੀ ਕਾਨਿ॥੩॥	(ਕਾਨਿ) ਮੁਥਾਜੀ	Dhusatt Dhooth Kee Chookee Kaan ||3||	I have shaken off the power of the evil demons. ||3||	ਹੁਣ, ਹੇ ਸਹੇਲੀਏ! (ਕਮਾਦਿਕ) ਭੈੜੇ ਵੈਰੀਆਂ ਦੀ ਧੌਂਸ (ਮੇਰੇ ਉੱਤੋਂ) ਮੁੱਕ ਗਈ ਹੈ ॥੩॥
17086	372	ਸਦ ਖੁਸੀਆ ਸਦਾ ਰੰਗ ਮਾਣੇ॥		Sadh Khuseeaa Sadhaa Rang Maanae ||	I have obtained eternal bliss, and I constantly celebrate.	(ਹੇ ਸਹੇਲੀਏ! ਮੈਨੂੰ ਹੁਣ ਸਦਾ ਖ਼ੁਸ਼ੀਆਂ ਹੀ ਖ਼ੁਸ਼ੀਆਂ ਹਨ, ਮੈਂ ਹੁਣ ਸਦਾ ਆਤਮਕ ਆਨੰਦ ਮਾਣ ਰਹੀ ਹਾਂ।
17087	372	ਨਉ ਨਿਧਿ ਨਾਮੁ ਗ੍ਰਿਹ ਮਹਿ ਤ੍ਰਿਪਤਾਨੇ॥		No Nidhh Naam Grih Mehi Thripathaanae ||	With the nine treasures of the Naam, the Name of the Lord, I am satisfied in my own home.	(ਜਗਤ ਦੇ ਸਾਰੇ) ਨੌ ਖ਼ਜ਼ਾਨਿਆਂ (ਵਰਗਾ) ਪਰਮਾਤਮਾ ਦਾ ਨਾਮ ਮੇਰੇ ਹਿਰਦੇ-ਘਰ ਵਿਚ ਆ ਵੱਸਿਆ ਹੈ, ਮੇਰੀ ਸਾਰੀ ਤ੍ਰਿਸਨਾ ਮੁੱਕ ਗਈ ਹੈ।
17088	372	ਕਹੁ ਨਾਨਕ ਜਉ ਪਿਰਹਿ ਸੀਗਾਰੀ॥		Kahu Naanak Jo Pirehi Seegaaree ||	Says Nanak, when the happy soul-bride is adorned by her Beloved,	ਹੇ ਨਾਨਕ! (ਆਖ-) ਜਦੋਂ (ਕਿਸੇ ਜੀਵ-ਇਸਤ੍ਰੀ ਨੂੰ) ਪ੍ਰਭੂ-ਪਤੀ ਨੇ ਸੁੰਦਰ ਜੀਵਨ ਵਾਲੀ ਬਣਾ ਦਿੱਤਾ,

17089	372	ਥਿਰੁ ਸੋਹਾਗਨਿ ਸੰਗਿ ਭਤਾਰੀ॥੪॥੭॥		Thhir Sohaagan Sang Bhathaaree ||4||7||	She is forever happy with her Husband Lord. ||4||7||	ਉਹ ਪ੍ਰਭੂ-ਪਤੀ ਦੇ ਚਰਨਾਂ ਵਿਚ ਜੁੜ ਕੇ ਚੰਗੇ ਭਾਗਾਂ ਵਾਲੀ ਬਣ ਗਈ, ਉਹ ਸਦਾ ਲਈ ਅਡੋਲ-ਚਿੱਤ ਹੋ ਗਈ ॥੪॥੭॥
17090	372	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17091	372	ਦਾਨੁ ਦੇਇ ਕਰਿ ਪੂਜਾ ਕਰਨਾ॥		Dhaan Dhaee Kar Poojaa Karanaa ||	They give you donations and worship you.	(ਹੇ ਭਾਈ! ਵੇਖੋ ਅਜੇਹੇ ਬ੍ਰਾਹਮਣਾਂ ਦਾ ਹਾਲ! ਜਜਮਾਨ ਤਾਂ) ਉਹਨਾਂ ਨੂੰ ਦਾਨ ਦੇ ਕੇ ਉਹਨਾਂ ਦੀ ਪੂਜਾ-ਮਾਨਤਾ ਕਰਦੇ ਹਨ,
17092	372	ਲੈਤ ਦੇਤ ਉਨ੍ਹ ਮੂਕਰਿ ਪਰਨਾ॥		Laith Dhaeth Ounh Mookar Paranaa ||	You take from them, and then deny that they have given anything to you.	ਪਰ ਉਹ ਬ੍ਰਾਹਮਣ ਲੈਂਦੇ ਦੇਂਦੇ ਭੀ (ਸਭ ਕੁਝ ਹਾਸਲ ਕਰਦੇ ਹੋਏ ਭੀ) ਸਦਾ ਮੁੱਕਰੇ ਰਹਿੰਦੇ ਹਨ (ਕਦੇ ਆਪਣੇ ਜਜਮਾਨਾਂ ਦਾ ਧੰਨਵਾਦ ਤਕ ਨਹੀਂ ਕਰਦੇ। ਸਗੋਂ ਦਾਨ ਲੈ ਕੇ ਭੀ ਇਹੀ ਜ਼ਾਹਰ ਕਰਦੇ ਹਨ ਕਿ ਅਸੀਂ ਜਜਮਾਨਾਂ ਦਾ ਪਰਲੋਕ ਸਵਾਰ ਰਹੇ ਹਾਂ)।
17093	372	ਜਿਤੁ ਦਰਿ ਤੁਮ ਹੈ ਬ੍ਰਾਹਮਣ ਜਾਣਾ॥		Jith Dhar Thumh Hai Braahaman Jaanaa ||	That door, through which you must ultimately go, O Brahmin	ਪਰ, ਹੇ ਬ੍ਰਾਹਮਣ! (ਇਹ ਚੇਤਾ ਰੱਖ) ਜਿਸ ਪ੍ਰਭੂ-ਦਰ ਤੇ (ਆਖ਼ਿਰ) ਤੂੰ ਪਹੁੰਚਣਾ ਹੈ,
17094	372	ਤਿਤੁ ਦਰਿ ਤੂੰਹੀ ਹੈ ਪਛੁਤਾਣਾ॥੧॥		Thith Dhar Thoonhee Hai Pashhuthaanaa ||1||	- at that door, you will come to regret and repent. ||1||	ਉਸ ਦਰ ਤੇ ਤੂੰ ਹੀ (ਆਪਣੀਆਂ ਇਹਨਾਂ ਕਰਤੂਤਾਂ ਦੇ ਕਾਰਨ) ਪਛੁਤਾਵੇਂਗਾ ॥੧॥

17095	372	ਐਸੇ ਬ੍ਰਾਹਮਣ ਡੂਬੇ ਭਾਈ॥		Aisae Braahaman Ddoobae Bhaaee ||	Such Brahmins shall drown, O Siblings of Destiny;	ਹੇ ਭਾਈ! ਇਹੋ ਜਿਹੇ ਬ੍ਰਾਹਮਣਾਂ ਨੂੰ (ਮਾਇਆ ਦੇ ਮੋਹ ਵਿਚ) ਡੁੱਬੇ ਹੋਏ ਜਾਣੋ,
17096	372	ਨਿਰਾਪਰਾਧ ਚਿਤਵਹਿ ਬੁਰਿਆਈ॥੧॥ਰਹਾਉ॥	(ਨਿਰਾਪਰਾਧ) ਨਿਦੋਸ਼ੇ	Niraaparaadhh Chithavehi Buriaaee ||1|| Rehaao ||	They think of doing evil to the innocent. ||1||Pause||	ਜੇਹੜੇ ਨਿਦੋਸੇ ਬੰਦਿਆਂ ਨੂੰ ਭੀ ਨੁਕਸਾਨ ਅਪੜਾਨ ਦੀਆਂ ਸੋਚਾਂ ਸੋਚਦੇ ਰਹਿੰਦੇ ਹਨ (ਉਚੀ ਜਾਤਿ ਦਾ ਹੋਣਾ, ਜਾਂ ਵੇਦ ਸ਼ਾਸਤ੍ਰ ਪੜ੍ਹੇ ਹੋਣਾ ਭੀ ਉਹਨਾਂ ਦੇ ਆਤਮਕ ਜੀਵਨ ਨੂੰ ਗ਼ਰਕ ਹੋਣੋਂ ਨਹੀਂ ਬਚਾ ਸਕਦਾ, ਜੇ ਉਹ ਦੂਜਿਆਂ ਦਾ ਬੁਰਾ ਤੱਕਦੇ ਰਹਿੰਦੇ ਹਨ) ॥੧॥ ਰਹਾਉ ॥
17097	372	ਅੰਤਰਿ ਲੋਭੁ ਫਿਰਹਿ ਹਲਕਾਏ॥		Anthar Lobh Firehi Halakaaeae ||	Within them is greed, and they wander around like mad dogs.	ਹੇ ਭਾਈ! ਉਂਞ ਤਾਂ ਇਹ ਬ੍ਰਾਹਮਣ ਆਪਣੇ ਆਪ ਨੂੰ ਵੇਦ ਆਦਿਕ ਧਰਮ-ਪੁਸਤਕਾਂ ਦੇ ਗਿਆਤਾ ਜ਼ਾਹਰ ਕਰਦੇ ਹਨ, ਪਰ ਇਹਨਾਂ ਦੇ ਮਨ ਵਿਚ ਲੋਭ (ਠਾਠਾਂ ਮਾਰ ਰਿਹਾ ਹੈ, ਇਹ ਲੋਭ ਨਾਲ) ਹਲਕੇ ਹੋਏ ਫਿਰਦੇ ਹਨ।
17098	372	ਨਿੰਦਾ ਕਰਹਿ ਸਿਰਿ ਭਾਰੁ ਉਠਾਏ॥		Nindhaa Karehi Sir Bhaar Outhaaeae ||	They slander others and carry loads of sin upon their heads.	ਆਪਣੇ ਆਪ ਨੂੰ ਵਿਦਵਾਨ ਜ਼ਾਹਰ ਕਰਦੇ ਹੋਏ ਭੀ ਇਹ (ਦੂਜਿਆਂ ਦੀ) ਨਿੰਦਾ ਕਰਦੇ ਫਿਰਦੇ ਹਨ, ਆਪਣੇ ਸਿਰ ਉਤੇ ਨਿੰਦਾ ਦਾ ਭਾਰ ਚੁੱਕੀ ਫਿਰਦੇ ਹਨ।

17099	372	ਮਾਇਆ ਮੂਠਾ ਚੇਤੈ ਨਾਹੀ॥	(ਮੂਠਾ) ਠੱਗਿਆ	Maaeiaa Moothaa Chaethai Naahee ||	Intoxicated by Maya, they do not think of the Lord.	(ਹੇ ਭਾਈ!) ਮਾਇਆ (ਦੇ ਮੋਹ) ਦੇ ਹੱਥੋਂ ਆਪਣੇ ਆਤਮਕ ਜੀਵਨ ਦੀ ਰਾਸਿ-ਪੂੰਜੀ ਲੁਟਾ ਬੈਠਾ ਇਹ ਬ੍ਰਾਹਮਣ ਪਰਮਾਤਮਾ ਨੂੰ ਚੇਤੇ ਨਹੀਂ ਕਰਦਾ (ਇਸ ਪਾਸੇ) ਧਿਆਨ ਨਹੀਂ ਦੇਂਦਾ।
17100	372	ਭਰਮੇ ਭੂਲਾ ਬਹੁਤੀ ਰਾਹੀ॥੨॥		Bharamae Bhoolaa Bahuthee Raahee ||2||	Deluded by doubt, they wander off on many paths. ||2||	ਮਾਇਆ ਦੀ ਭਟਕਣਾ ਦੇ ਕਾਰਨ ਕੁਰਾਹੇ ਪਿਆ ਹੋਇਆ ਬ੍ਰਾਹਮਣ ਕਈ ਪਾਸੀਂ ਖੁਆਰ ਹੁੰਦਾ ਫਿਰਦਾ ਹੈ ॥੨॥
17101	372	ਬਾਹਰਿ ਭੇਖ ਕਰਹਿ ਘਨੇਰੇ॥		Baahar Bhaekh Karehi Ghanaerae ||	Outwardly, they wear various religious robes,	(ਹੇ ਭਾਈ!) ਅਜੇਹੇ ਬ੍ਰਾਹਮਣ ਬਾਹਰ (ਲੋਕਾਂ ਨੂੰ ਪਤਿਆਉਣ ਵਾਸਤੇ, ਆਪਣੇ ਆਪ ਨੂੰ ਲੋਕਾਂ ਦਾ ਧਾਰਮਿਕ ਆਗੂ ਜ਼ਾਹਰ ਕਰਨ ਵਾਸਤੇ) ਕਈ (ਧਾਰਮਿਕ) ਭੇਖ ਕਰਦੇ ਹਨ,
17102	372	ਅੰਤਰਿ ਬਿਖਿਆ ਉਤਰੀ ਘੇਰੇ॥		Anthar Bikhiaa Outharee Ghaerae ||	But within, they are enveloped by poison.	ਪਰ ਉਨ੍ਹਾਂ ਦੇ ਆਪਣੇ ਅੰਦਰ ਤਾਂ ਮਾਇਆ ਘੇਰ ਕੇ ਡੇਰਾ ਪਾਈ ਬੈਠੀ ਹੈ।
17103	372	ਅਵਰ ਉਪਦੇਸੈ ਆਪਿ ਨ ਬੂਝੈ॥		Avar Oupadhaesai Aap N Boojhai ||	They instruct others, but do not understand themselves.	(ਹੇ ਭਾਈ! ਜੇਹੜਾ ਬ੍ਰਾਹਮਣ) ਹੋਰਨਾਂ ਨੂੰ ਤਾਂ (ਧਰਮ ਦਾ) ਉਪਦੇਸ ਕਰਦਾ ਹੈ, ਪਰ ਆਪ (ਉਸ ਧਰਮ ਨੂੰ) ਨਹੀਂ ਸਮਝਦਾ,
17104	372	ਐਸਾ ਬ੍ਰਾਹਮਣੁ ਕਹੀ ਨ ਸੀਝੈ॥੩॥	(ਸੀਝੈ) ਛੁੱਟਦਾ	Aisaa Braahaman Kehee N Seejhai ||3||	Such Brahmins will never be emancipated. ||3||	ਅਜੇਹਾ ਬ੍ਰਾਹਮਣ (ਲੋਕ ਪਰਲੋਕ) ਕਿਤੇ ਭੀ ਕਾਮਯਾਬ ਨਹੀਂ ਹੁੰਦਾ ॥੩॥

17105	372	ਮੂਰਖ ਬਾਮਣ ਪ੍ਰਭੂ ਸਮਾਲਿ॥		Moorakh Baaman Prabhoo Samaal ||	O foolish Brahmin, reflect upon God.	ਹੇ ਮੂਰਖ ਬ੍ਰਾਹਮਣ! ਪਰਮਾਤਮਾ ਨੂੰ (ਆਪਣੇ ਹਿਰਦੇ ਵਿਚ) ਯਾਦ ਕਰਿਆ ਕਰ,
17106	372	ਦੇਖਤ ਸੁਨਤ ਤੇਰੈ ਹੈ ਨਾਲਿ॥		Dhaekhath Sunath Thaerai Hai Naal ||	He watches and hears, and is always with you.	ਉਹ ਪਰਮਾਤਮਾ (ਤੇਰੇ ਸਾਰੇ ਕੰਮ) ਵੇਖਦਾ (ਤੇਰੀਆਂ ਸਾਰੀਆਂ ਗੱਲਾਂ) ਸੁਣਦਾ (ਸਦਾ) ਤੇਰੇ ਨਾਲ ਰਹਿੰਦਾ ਹੈ।
17107	372	ਕਹੁ ਨਾਨਕ ਜੇ ਹੋਵੀ ਭਾਗੁ॥		Kahu Naanak Jae Hovee Bhaag ||	Says Nanak, if this is your destiny,	ਹੇ ਨਾਨਕ! (ਅਜੇਹੇ ਬ੍ਰਾਹਮਣ ਨੂੰ ਆਖ-) ਜੇ ਤੇਰੇ ਭਾਗ ਜਾਗਣ,
17108	372	ਮਾਨੁ ਛੋਡਿ ਗੁਰ ਚਰਣੀ ਲਾਗੁ॥੪॥੮॥		Maan Shhodd Gur Charanee Laag ||4||8||	Renounce your pride, and grasp the Guru's Feet. ||4||8||	ਤਾਂ (ਆਪਣੀ ਉੱਚੀ ਜਾਤਿ ਤੇ ਵਿੱਦਵਤਾ ਦਾ) ਮਾਣ ਛੱਡ ਕੇ ਗੁਰੂ ਦੀ ਸਰਨ ਪਉ ॥੪॥੮॥
17109	372	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17110	373	ਦੂਖ ਰੋਗ ਭਏ ਗਤੁ ਤਨ ਤੇ ਮਨੁ ਨਿਰਮਲੁ ਹਰਿ ਹਰਿ ਗੁਣ ਗਾਇ॥	ਗਤੁ:ਪੋਲਾ ਬੋਲੋ। (ਗਤੁ) ਨਾਸ	Dhookh Rog Bheae Gath Than Thae Man Niramal Har Har Gun Gaae ||	Pain and disease have left my body, and my mind has become pure; I sing the Glorious Praises of the Lord, Har, Har.	(ਹੇ ਮਾਂ!) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾ ਗਾ ਕੇ ਮੇਰਾ ਮਨ ਪਵਿੱਤਰ ਹੋ ਗਿਆ ਹੈ, ਮੇਰੇ ਸਰੀਰ ਤੋਂ ਸਾਰੇ ਦੁੱਖ ਤੇ ਰੋਗ ਦੂਰ ਹੋ ਗਏ ਹਨ।
17111	373	ਭਏ ਅਨੰਦ ਮਿਲਿ ਸਾਧੂਸੰਗਿ ਅਬ ਮੇਰਾ ਮਨੁ ਕਤ ਹੀ ਨ ਜਾਇ॥੧॥	ਅਨੰਦੁ	Bheae Anandh Mil Saadhhoo Sang Ab Maeraa Man Kath Hee N Jaae ||1||	I am in bliss, meeting with the Saadh Sangat, the Company of the Holy, and now, my mind does not go wandering. ||1||	ਗੁਰੂ ਦੀ ਸੰਗਤ ਵਿਚ ਮਿਲ ਕੇ ਮੇਰੇ ਅੰਦਰ ਆਨੰਦ ਹੀ ਆਨੰਦ ਬਣਿਆ ਪਿਆ ਹੈ। ਹੁਣ ਮੇਰਾ ਮਨ ਕਿਸੇ ਭੀ ਪਾਸੇ ਨਹੀਂ ਭਟਕਦਾ ॥੧॥

17112	373	ਤਪਤਿ ਬੁਝੀ ਗੁਰ ਸਬਦੀ ਮਾਇ॥	ਤਪਤ ਬੁਝੀ: ਪੋਲਾ ਬੋਲੋ	Thapath Bujhee Gur Sabadhee Maae ||	My burning desires are quenched, through the Word of the Guru's Shabad, O mother.	ਹੇ ਮਾਂ! ਗੁਰੂ ਦੇ ਸਬਦ ਦੀ ਬਰਕਤਿ ਨਾਲ (ਮੇਰੇ ਅੰਦਰੋਂ ਵਿਕਾਰਾਂ ਦੀ) ਸੜਨ ਮਿਟ ਗਈ ਹੈ।
17113	373	ਬਿਨਸਿ ਗਇਓ ਤਾਪ ਸਭ ਸਹਸਾ ਗੁਰੁ ਸੀਤਲੁ ਮਿਲਿਓ ਸਹਜਿ ਸੁਭਾਇ॥੧॥ਰਹਾਉ॥		Binas Gaeiou Thaap Sabh Sehasaa Gur Seethal Miliou Sehaj Subhaae ||1|| Rehaao ||	The fever of doubt has been totally eliminated; meeting the Guru, I am cooled and soothed, with intuitive ease. ||1||Pause||	ਮੇਰੇ ਸਾਰੇ ਦੁੱਖ ਕਲੇਸ਼ ਤੇ ਸਹਮ ਨਾਸ ਹੋ ਗਏ ਹਨ। ਆਤਮਕ ਠੰਡ ਦੇਣ ਵਾਲਾ ਗੁਰੂ ਮੈਨੂੰ ਮਿਲ ਪਿਆ ਹੈ। ਹੁਣ ਮੈਂ ਆਤਮਕ ਅਡੋਲਤਾ ਵਿਚ ਟਿਕਿਆ ਹੋਇਆ ਹਾਂ, ਹੁਣ ਮੈਂ ਪ੍ਰਭੂ-ਪ੍ਰੇਮ ਵਿਚ ਮਗਨ ਹਾਂ ॥੧॥ ਰਹਾਉ ॥
17114	373	ਧਾਵਤ ਰਹੇ ਏਕੁ ਇਕੁ ਬੂਝਿਆ ਆਇ ਬਸੇ ਅਬ ਨਿਹਚਲੁ ਥਾਇ॥	ਬੂੱਝਿਆ	Dhhaavath Rehae Eaek Eik Boojhiaa Aae Basae Ab Nihachal Thhaae ||	My wandering has ended, since I have realized the One and Only Lord; now, I have come to dwell in the eternal place.	(ਹੇ ਮਾਂ!) ਜਦੋਂ ਦੀ ਮੈਂ ਸਿਰਫ਼ ਇਕ ਪਰਮਾਤਮਾ ਨਾਲ ਸਾਂਝ ਪਾਈ ਹੈ ਮੇਰੀਆਂ ਸਾਰੀਆ ਭਟਕਣਾਂ ਮੁੱਕ ਗਈਆਂ ਹਨ, ਹੁਣ ਮੈਂ ਅਡੋਲ-ਚਿੱਤ ਹੋ ਕੇ ਪ੍ਰਭੂ ਚਰਨਾਂ ਵਿਚ ਆ ਟਿਕਿਆ ਹਾਂ।
17115	373	ਜਗਤੁ ਉਧਾਰਨ ਸੰਤ ਤੁਮਾਰੇ ਦਰਸਨੁ ਪੇਖਤ ਰਹੇ ਅਘਾਇ॥੨॥	(ਅਘਾਇ) ਰੱਜੇ। ਜੱਗਤੁ	Jagath Oudhhaaran Santh Thumaarae Dharasan Paekhath Rehae Aghaae ||2||	Your Saints are the Saving Grace of the world; beholding the Blessed Vision of their Darshan, I remain satisfied. ||2||	(ਹੇ ਪ੍ਰਭੂ!) ਸਾਰੇ ਸੰਸਾਰ ਨੂੰ ਵਿਕਾਰਾਂ ਤੋਂ ਬਚਾਣ ਵਾਲੇ ਤੇਰੇ ਸੰਤ ਜਨਾਂ ਦਾ ਦਰਸ਼ਨ ਕਰ ਕੇ ਮੇਰੀ ਸਾਰੀ ਤ੍ਰਿਸ਼ਨਾ ਮੁੱਕ ਗਈ ਹੈ ॥੨॥

17116	373	ਜਨਮ ਦੋਖ ਪਰੇ ਮੇਰੇ ਪਾਛੈ ਅਬ ਪਕਰੇ ਨਿਹਚਲੁ ਸਾਧੂ ਪਾਇ॥		Janam Dhokh Parae Maerae Paashhai Ab Pakarae Nihachal Saadhhoo Paae ||	I have left behind the sins of countless incarnations, now that I have grasped the feet of the eternal Holy Guru.	(ਹੇ ਮਾਂ!) ਹੁਣ ਮੈਂ ਅਡੋਲ-ਚਿੱਤ ਹੋ ਕੇ ਗੁਰੂ ਦੇ ਪੈਰ ਫੜ ਲਏ ਹਨ, ਮੇਰੇ ਅਨੇਕਾਂ ਜਨਮਾਂ ਦੇ ਪਾਪ ਮੇਰੀ ਖ਼ਲਾਸੀ ਕਰ ਗਏ ਹਨ।
17117	373	ਸਹਜ ਧੁਨਿ ਗਾਵੈ ਮੰਗਲ ਮਨੂਆ ਅਬ ਤਾ ਕਉ ਫੁਨਿ ਕਾਲੁ ਨ ਖਾਇ॥੩॥		Sehaj Dhhun Gaavai Mangal Manooaa Ab Thaa Ko Fun Kaal N Khaae ||3||	My mind sings the celestial melody of bliss, and death shall no longer consume it. ||3||	ਮੇਰਾ ਮਨ ਆਤਮਕ ਅਡੋਲਤਾ ਦੀ ਸੁਰ ਵਿਚ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਹੁਣ ਇਸ ਮਨ ਨੂੰ ਕਦੇ ਆਤਮਕ ਮੌਤ ਹੜੱਪ ਨਹੀਂ ਕਰਦੀ ॥੩॥
17118	373	ਕਰਨ ਕਾਰਨ ਸਮਰਥ ਹਮਾਰੇ ਸੁਖਦਾਈ ਮੇਰੇ ਹਰਿ ਹਰਿ ਰਾਇ॥	ਸਮਰੱਥ	Karan Kaaran Samarathh Hamaarae Sukhadhaaee Maerae Har Har Raae ||	My Lord, the Cause of all causes, is All-powerful, the Giver of peace; He is my Lord, my Lord King.	ਹੇ ਮੇਰੇ ਪ੍ਰਭੂ ਪਾਤਸ਼ਾਹ! ਹੇ ਸੁਖਾਂ ਦੇ ਬਖ਼ਸ਼ਣ ਵਾਲੇ! ਹੇ ਸਭ ਕੁਝ ਕਰਨ ਤੇ ਕਰਾਣ ਦੀ ਸ਼ਕਤੀ ਰੱਖਣ ਵਾਲੇ!
17119	373	ਨਾਮੁ ਤੇਰਾ ਜਪਿ ਜੀਵੈ ਨਾਨਕੁ ਓਤਿ ਪੋਤਿ ਮੇਰੈ ਸੰਗਿ ਸਹਾਇ॥੪॥੯॥		Naam Thaeraa Jap Jeevai Naanak Outh Poth Maerai Sang Sehaae ||4||9||	Nanak lives by chanting Your Name, O Lord; You are my helper, with me, through and through. ||4||9||	(ਤੇਰਾ ਦਾਸ) ਨਾਨਕ ਤੇਰਾ ਨਾਮ ਯਾਦ ਕਰ ਕਰ ਕੇ ਆਤਮਕ ਜੀਵਨ ਹਾਸਲ ਕਰ ਰਿਹਾ ਹੈ, ਤੂੰ ਮੇਰੇ ਨਾਲ (ਇਉਂ ਹਰ ਵੇਲੇ ਦਾ) ਸਾਥੀ ਹੈਂ, (ਜਿਵੇਂ) ਤਾਣੇ ਪੇਟੇ ਵਿਚ (ਸੂਤਰ ਮਿਲਿਆ ਹੋਇਆ ਹੁੰਦਾ ਹੈ) ॥੪॥੯॥
17120	373	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

17121	373	ਅਰੜਾਵੈ ਬਿਲਲਾਵੈ ਨਿੰਦਕੁ॥	(ਅਰੜਾਵੈ) ਚੀਕਦਾ। (ਬਿਲਲਾਵੈ) ਰੋਂਦਾ	Ararraavai Bilalaavai Nindhak ||	The slanderer cries out and bewails.	(ਹੇ ਭਾਈ! ਭਗਤ ਜਨਾਂ ਦੀ) ਨਿੰਦਾ ਕਰਨ ਵਾਲਾ (ਆਪਣੇ ਅੰਦਰ) ਬੜਾ ਦੁੱਖੀ ਹੁੰਦਾ ਰਹਿੰਦਾ ਹੈ ਬੜਾ ਵਿਲਕਦਾ ਹੈ।
17122	373	ਪਾਰਬ੍ਰਹਮੁ ਪਰਮੇਸਰੁ ਬਿਸਰਿਆ ਅਪਣਾ ਕੀਤਾ ਪਾਵੈ ਨਿੰਦਕੁ॥੧॥ਰਹਾਉ॥		Paarabreham Paramaesar Bisariaa Apanaa Keethaa Paavai Nindhak ||1|| Rehaao ||	He has forgotten the Supreme Lord, the Transcendent Lord; the slanderer reaps the rewards of his own actions. ||1||Pause||	(ਨਿੰਦਾ ਵਿਚ ਫਸੇ ਹੋਏ ਉਸ ਨੂੰ) ਪਾਰਬ੍ਰਹਮ ਪਰਮਾਤਮਾ ਭੁੱਲਿਆ ਹੁੰਦਾ ਹੈ, (ਇਸ ਕਰਕੇ) ਨਿੰਦਾ ਕਰਨ ਵਾਲਾ ਮਨੁੱਖ (ਗੁਰਮੁਖਾਂ ਦੀ) ਕੀਤੀ ਨਿੰਦਾ ਦਾ (ਦੁੱਖ-ਰੂਪ) ਫਲ ਭੋਗਦਾ ਰਹਿੰਦਾ ਹੈ ॥੧॥ ਰਹਾਉ ॥
17123	373	ਜੇ ਕੋਈ ਉਸ ਕਾ ਸੰਗੀ ਹੋਵੈ ਨਾਲੇ ਲਏ ਸਿਧਾਵੈ॥	(ਸਿਧਾਵੈ) ਤੁਰਦਾ	Jae Koee Ous Kaa Sangee Hovai Naalae Leae Sidhhaavai ||	If someone is his companion, then he shall be taken along with him.	(ਹੇ ਭਾਈ!) ਜੇ ਕੋਈ ਮਨੁੱਖ ਉਸ ਨਿੰਦਕ ਦਾ ਸਾਥੀ ਬਣੇ (ਨਿੰਦਕ ਨਾਲ ਮੇਲ-ਜੋਲ ਰੱਖਣਾ ਸ਼ੁਰੂ ਕਰੇ, ਤਾਂ ਨਿੰਦਕ) ਉਸ ਨੂੰ ਭੀ ਆਪਣੇ ਨਾਲ ਲੈ ਤੁਰਦਾ ਹੈ (ਨਿੰਦਾ ਕਰਨ ਦੀ ਵਾਦੀ ਪਾ ਦੇਂਦਾ ਹੈ)।
17124	373	ਅਣਹੋਦਾ ਅਜਗਰੁ ਭਾਰੁ ਉਠਾਏ ਨਿੰਦਕੁ ਅਗਨੀ ਮਾਹਿ ਜਲਾਵੈ॥੧॥	(ਅਜ-ਗਰੁ)ਬਹੁਤੇ ਤੋਂ ਬਹੁਤਾ	Anehodhaa Ajagar Bhaar Outhaaeae Nindhak Aganee Maahi Jalaavai ||1||	Like the dragon, the slanderer carries his huge, useless loads, and burns in his own fire. ||1||	ਨਿੰਦਕ (ਨਿੰਦਾ ਦਾ) ਮਨੋ-ਕਲਪਤ ਹੀ ਬੇਅੰਤ ਭਾਰ (ਆਪਣੇ ਸਿਰ ਉਤੇ) ਚੁੱਕੀ ਫਿਰਦਾ ਹੈ, ਤੇ ਆਪਣੇ ਆਪ ਨੂੰ ਨਿੰਦਾ ਦੀ ਅੱਗ ਵਿਚ ਸਾੜਦਾ ਰਹਿੰਦਾ ਹੈ ॥੧॥

17125	373	ਪਰਮੇਸਰ ਕੈ ਦੁਆਰੈ ਜਿ ਹੋਇ ਬਿਤੀਤੈ ਸੁ ਨਾਨਕੁ ਆਖਿ ਸੁਣਾਵੈ॥	(ਬਿਤੀਤੈ) ਗੁਜਰਦੀ ਹੈ	Paramaesar Kai Dhuaarai J Hoe Bitheethai S Naanak Aakh Sunaavai ||	Nanak proclaims and announces what happens at the Door of the Transcendent Lord.	(ਹੇ ਭਾਈ! ਆਤਮਕ ਜੀਵਨ ਬਾਰੇ) ਜੇਹੜਾ ਨਿਯਮ ਪਰਮਾਤਮਾ ਦੇ ਦਰ ਤੇ ਸਦਾ ਵਰਤਦਾ ਹੈ, ਨਾਨਕ ਉਹ ਨਿਯਮ (ਤੁਹਾਨੂੰ) ਖੋਲ੍ਹ ਕੇ ਸੁਣਾਂਦਾ ਹੈ (ਕਿ ਭਗਤ) ਜਨਾਂ ਦਾ ਨਿੰਦਕ ਤਾਂ ਨਿੰਦਾ ਦੀ ਅੱਗ ਵਿਚ ਸੜਦਾ ਰਹਿੰਦਾ ਹੈ,
17126	373	ਭਗਤ ਜਨਾ ਕਉ ਸਦਾ ਅਨੰਦੁ ਹੈ ਹਰਿ ਕੀਰਤਨੁ ਗਾਇ ਬਿਗਸਾਵੈ॥੨॥੧੦॥	ਬਿਗਸਾਵੈ	Bhagath Janaa Ko Sadhaa Anandh Hai Har Keerathan Gaae Bigasaavai ||2||10||	The humble devotees of the Lord are forever in bliss; singing the Kirtan of the Lord's Praises, they blossom forth. ||2||10||	(ਪਰ) ਭਗਤ ਜਨਾਂ ਨੂੰ (ਭਗਤੀ ਦਾ ਸਦਕਾ) ਸਦਾ ਆਨੰਦ ਪ੍ਰਾਪਤ ਰਹਿੰਦਾ ਹੈ। ਪਰਮਾਤਮਾ ਦਾ ਭਗਤ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾ ਗਾ ਕੇ ਖ਼ੁਸ਼ ਰਹਿੰਦਾ ਹੈ ॥੨॥੧੦॥
17127	373	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17128	373	ਜਉ ਮੈ ਕੀਓ ਸਗਲ ਸੀਗਾਰਾ॥		Jo Mai Keeou Sagal Seegaaraa ||	Even though I totally decorated myself,	ਜੇ ਮੈਂ ਹਰੇਕ ਕਿਸਮ ਦਾ ਸਿੰਗਾਰ ਕੀਤਾ,
17129	373	ਤਉ ਭੀ ਮੇਰਾ ਮਨੁ ਨ ਪਤੀਆਰਾ॥	ਪਤੀਆਰਾ	Tho Bhee Maeraa Man N Patheeaaraa ||	Still, my mind was not satisfied.	ਤਾਂ ਭੀ ਮੇਰਾ ਮਨ ਸੰਤੁਸ਼ਟ ਨਾਹ ਹੋਇਆ।

17130	373	ਅਨਿਕ ਸੁਗੰਧਤ ਤਨ ਮਹਿ ਲਾਵਉ॥		Anik Sugandhhath Than Mehi Laavo ||	I applied various scented oils to my body,	ਜੇ ਮੈਂ ਆਪਣੇ ਸਰੀਰ ਉਤੇ ਅਨੇਕਾਂ ਸੁਗੰਧੀਆਂ ਵਰਤਦੀ ਹਾਂ,
17131	373	ਓਹ ਸੁਖੁ ਤਿਲੁ ਸਮਾਨਿ ਨਹੀ ਪਾਵਉ॥		Ouhu Sukh Thil Samaan Nehee Paavo ||	And yet, I did not obtain even a tiny bit of pleasure from this.	ਤਾਂ ਭੀ ਮੈਂ ਤਿਲ ਜਿਤਨਾ ਭੀ ਉਹ ਸੁਖ ਨਹੀਂ ਹਾਸਲ ਕਰ ਸਕਦੀ (ਜੋ ਸੁਖ ਪਿਆਰੇ ਪ੍ਰਭੂ-ਪਤੀ ਦੇ ਦਰਸ਼ਨ ਤੋਂ ਮਿਲਦਾ ਹੈ)।
17132	373	ਮਨ ਮਹਿ ਚਿਤਵਉ ਐਸੀ ਆਸਾਈ॥	(ਆਸਾਈ) ਆਸ	Man Mehi Chithavo Aisee Aasaaee ||	Within my mind, I hold such a desire,	ਹੇ ਮੇਰੀ ਮਾਂ! ਹੁਣ ਮੈਂ ਇਹੋ ਜਿਹੀਆਂ ਆਸਾਂ ਹੀ ਬਣਾਂਦੀ ਰਹਿੰਦੀ ਹਾਂ,
17133	373	ਪ੍ਰਿਅ ਦੇਖਤ ਜੀਵਉ ਮੇਰੀ ਮਾਈ॥੧॥		Pria Dhaekhath Jeevo Maeree Maaee ||1||	That I may live only to behold my Beloved, O my mother. ||1||	(ਕਿ ਕਿਵੇਂ ਪ੍ਰਭੂ-ਪਤੀ ਮਿਲੇ), ਪਿਆਰੇ ਪ੍ਰਭੂ-ਪਤੀ ਦਾ ਦਰਸ਼ਨ ਕਰ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੋ ਜਾਂਦਾ ਹੈ ॥੧॥
17134	373	ਮਾਈ ਕਹਾ ਕਰਉ ਇਹੁ ਮਨੁ ਨ ਧੀਰੈ॥		Maaee Kehaa Karo Eihu Man N Dhheerai ||	O mother, what should I do? This mind cannot rest.	ਹੇ ਮਾਂ! ਮੈਂ ਕੀਹ ਕਰਾਂ? (ਪਿਆਰੇ ਤੋਂ ਬਿਨਾ) ਮੇਰਾ ਮਨ ਖਲੋਂਦਾ ਨਹੀਂ।
17135	373	ਪ੍ਰਿਅ ਪ੍ਰੀਤਮ ਬੈਰਾਗੁ ਹਿਰੈ॥੧॥ਰਹਾਉ॥	(ਹਿਰੈ) ਖਿੱਚ ਪਾਉਂਦਾ	Pria Preetham Bairaag Hirai ||1|| Rehaao ||	It is bewitched by the tender love of my Beloved. ||1||Pause||	ਪਿਆਰੇ ਪ੍ਰੀਤਮ ਦਾ ਪ੍ਰੇਮ ਖਿੱਚ ਪਾ ਰਿਹਾ ਹੈ ॥੧॥ ਰਹਾਉ ॥

17136	373	ਬਸਤ੍ਰ ਬਿਭੂਖਨ ਸੁਖ ਬਹੁਤ ਬਿਸੇਖੈ॥	(ਬਿ-ਭੂਖਨ) ਗਹਣੇ। (ਬਿਸੇਖੈ) ਵਿਸ਼ੇਸ਼	Basathr Bibhookhan Sukh Bahuth Bisaekhai ||	Garments, ornaments, and such exquisite pleasures	(ਸੋਹਣੇ) ਕੱਪੜੇ, ਗਹਣੇ, ਉਚੇਚੇ ਅਨੇਕਾਂ ਸੁਖ-
17137	373	ਓਇ ਭੀ ਜਾਨਉ ਕਿਤੈ ਨ ਲੇਖੈ॥		Oue Bhee Jaano Kithai N Laekhai ||	I look upon these as of no account.	ਮੈਂ ਸਮਝਦੀ ਹਾਂ ਕਿ ਉਹ ਸਾਰੇ ਭੀ (ਪ੍ਰਭੂ-ਪਤੀ ਤੋਂ ਬਿਨਾ) ਕਿਸੇ ਕੰਮ ਨਹੀਂ।
17138	373	ਪਤਿ ਸੋਭਾ ਅਰੁ ਮਾਨੁ ਮਹਤੁ॥	ਪਤਿ: ਪੋਲਾ ਬੋਲੋ। ਮ-ਹੱਤੁ	Path Sobhaa Ar Maan Mehath ||	Likewise, honor, fame, dignity and greatness,	ਇੱਜ਼ਤ, ਸੋਭਾ, ਆਦਰ, ਵਡਿਆਈ (ਭੀ ਮਿਲ ਜਾਏ),
17139	373	ਆਗਿਆਕਾਰੀ ਸਗਲ ਜਗਤੁ॥		Aagiaakaaree Sagal Jagath ||	Obedience by the whole world,	ਸਾਰਾ ਜਗਤ ਮੇਰੀ ਆਗਿਆ ਵਿਚ ਤੁਰਨ ਲੱਗ ਪਏ,
17140	373	ਗ੍ਰਿਹੁ ਐਸਾ ਹੈ ਸੁੰਦਰ ਲਾਲ॥		Grihu Aisaa Hai Sundhar Laal ||	And a household as beautiful as a jewel.	ਬੜਾ ਸੋਹਣਾ ਤੇ ਕੀਮਤੀ ਘਰ (ਰਹਿਣ ਵਾਸਤੇ ਮਿਲਿਆ ਹੋਵੇ, ਤਾਂ ਭੀ)
17141	373	ਪ੍ਰਭ ਭਾਵਾ ਤਾ ਸਦਾ ਨਿਹਾਲ॥੨॥		Prabh Bhaavaa Thaa Sadhaa Nihaal ||2||	If I am pleasing to God's Will, then I shall be blessed, and forever in bliss. ||2||	ਤਦੋਂ ਹੀ ਮੈਂ ਸਦਾ ਲਈ ਖ਼ੁਸ਼ ਰਹਿ ਸਕਦੀ ਹਾਂ ਜੇ ਪ੍ਰਭੂ-ਪਤੀ ਨੂੰ ਪਿਆਰੀ ਲੱਗਾਂ ॥੨॥
17142	373	ਬਿੰਜਨ ਭੋਜਨ ਅਨਿਕ ਪਰਕਾਰ॥	(ਬਿੰਜਨ) ਮਿੱਠੇ ਭੋਜਨ	Binjan Bhojan Anik Parakaar ||	With foods and delicacies of so many different kinds,	(ਹੇ ਮਾਂ!) ਜੇ ਅਨੇਕਾਂ ਕਿਸਮ ਦੇ ਸੁਆਦਲੇ ਖਾਣੇ ਮਿਲ ਜਾਣ,
17143	373	ਰੰਗ ਤਮਾਸੇ ਬਹੁਤੁ ਬਿਸਥਾਰ॥		Rang Thamaasae Bahuth Bisathhaar ||	And such abundant pleasures and entertainments,	ਜੇ ਬਹੁਤ ਤਰ੍ਹਾਂ ਦੇ ਰੰਗ ਤਮਾਸ਼ੇ (ਵੇਖਣ ਨੂੰ ਹੋਣ),

17144	373	ਰਾਜ ਮਿਲਖ ਅਰੁ ਬਹੁਤੁ ਫੁਰਮਾਇਸਿ॥	(ਫੁਰਮਾਇਸਿ) ਹੁਕਮ	Raaj Milakh Ar Bahuth Furamaaeis ||	Power and property and absolute command	ਜੇ ਰਾਜ ਮਿਲ ਜਾਏ, ਭੁਇਂ ਦੀ ਮਾਲਕੀ ਹੋ ਜਾਏ ਅਤੇ ਬਹੁਤ ਹਕੂਮਤ ਮਿਲ ਜਾਏ,
17145	373	ਮਨੁ ਨਹੀ ਧ੍ਰਾਪੈ ਤ੍ਰਿਸਨਾ ਨਾ ਜਾਇਸਿ॥	ਜਾਇਸਿ	Man Nehee Dhhraapai Thrisanaa Naa Jaaeis ||	With these, the mind is not satisfied, and its thirst is not quenched.	ਤਾਂ ਭੀ ਇਹ ਮਨ ਕਦੇ ਰੱਜਦਾ ਨਹੀਂ, ਇਸ ਦੀ ਤ੍ਰਿਸ਼ਨਾ ਮੁੱਕਦੀ ਨਹੀਂ।
17146	373	ਬਿਨੁ ਮਿਲਬੇ ਇਹੁ ਦਿਨੁ ਨ ਬਿਹਾਵੈ॥		Bin Milabae Eihu Dhin N Bihaavai ||	Without meeting Him, this day does not pass.	(ਇਹ ਸਭ ਕੁਝ ਹੁੰਦਿਆਂ ਭੀ, ਹੇ ਮਾਂ! ਪ੍ਰਭੂ-ਪਤੀ ਨੂੰ) ਮਿਲਣ ਤੋਂ ਬਿਨਾ ਮੇਰਾ ਇਹ ਦਿਨ (ਸੁਖ ਨਾਲ) ਨਹੀਂ ਲੰਘਦਾ।
17147	373	ਮਿਲੈ ਪ੍ਰਭੂ ਤਾ ਸਭ ਸੁਖ ਪਾਵੈ॥੩॥		Milai Prabhoo Thaa Sabh Sukh Paavai ||3||	Meeting God, I find peace. ||3||	ਜਦੋਂ (ਜੀਵ-ਇਸਤ੍ਰੀ ਨੂੰ) ਪ੍ਰਭੂ-ਪਤੀ ਮਿਲ ਪਏ ਤਾਂ ਉਹ (ਮਾਨੋ) ਸਾਰੇ ਸੁਖ ਹਾਸਲ ਕਰ ਲੈਂਦੀ ਹੈ ॥੩॥
17148	373	ਖੋਜਤ ਖੋਜਤ ਸੁਨੀ ਇਹ ਸੋਇ॥	(ਸੋਇ) ਖ਼ਬਰ	Khojath Khojath Sunee Eih Soe ||	By searching and seeking, I have heard this news,	ਭਾਲ ਕਰਦਿਆਂ ਕਰਦਿਆਂ (ਹੇ ਮਾਂ!) ਮੈਂ ਇਹ ਖ਼ਬਰ ਸੁਣ ਲਈ,
17149	373	ਸਾਧਸੰਗਤਿ ਬਿਨੁ ਤਰਿਓ ਨ ਕੋਇ॥		Saadhhasangath Bin Thariou N Koe ||	That without the Saadh Sangat, the Company of the Holy, no one swims across.	ਕਿ ਸਾਧ ਸੰਗਤਿ ਤੋਂ ਬਿਨਾ (ਤ੍ਰਿਸ਼ਨਾ ਦੇ ਹੜ੍ਹ ਤੋਂ) ਕੋਈ ਜੀਵ ਕਦੇ ਪਾਰ ਨਹੀਂ ਲੰਘ ਸਕਿਆ।

17150	373	ਜਿਸੁ ਮਸਤਕਿ ਭਾਗੁ ਤਿਨਿ ਸਤਿਗੁਰੁ ਪਾਇਆ॥		Jis Masathak Bhaag Thin Sathigur Paaeiaa ||	One who has this good destiny written upon his forehead, finds the True Guru.	ਜਿਸ ਦੇ ਮੱਥੇ ਉਤੇ ਚੰਗਾ ਭਾਗ ਜਾਗਿਆ ਉਸ ਨੇ ਗੁਰੂ ਲੱਭ ਲਿਆ,
17151	373	ਪੂਰੀ ਆਸਾ ਮਨੁ ਤ੍ਰਿਪਤਾਇਆ॥		Pooree Aasaa Man Thripathaaeiaa ||	His hopes are fulfilled, and his mind is satisfied.	ਉਸ ਦੀ ਹਰੇਕ ਆਸ ਪੂਰੀ ਹੋ ਗਈ,
17152	373	ਪ੍ਰਭ ਮਿਲਿਆ ਤਾ ਚੂਕੀ ਡੰਝਾ॥	(ਡੰਝਾ) ਸੜਨ	Prabh Miliaa Thaa Chookee Ddanjhaa ||	When one meets God, then his thirst is quenched.	ਉਸ ਦਾ ਮਨ ਰੱਜ ਗਿਆ।
17153	373	ਨਾਨਕ ਲਧਾ ਮਨ ਤਨ ਮੰਝਾ॥੪॥੧੧॥	(ਮੰਝਾ) ਵਿੱਚ। ਲੱਧਾ	Naanak Ladhhaa Man Than Manjhaa ||4||11||	Nanak has found the Lord, within his mind and body. ||4||11||	ਹੇ ਨਾਨਕ! ਜਦੋਂ ਜੀਵ (ਗੁਰੂ ਦੀ ਸਰਨ ਪੈ ਕੇ) ਪ੍ਰਭੂ ਨੂੰ ਮਿਲ ਪਿਆ ਉਸ ਦੀ (ਅੰਦਰਲੀ ਤ੍ਰਿਸ਼ਨਾ ਦੀ) ਭੜਕੀ ਮੁੱਕ ਗਈ, ਉਸ ਨੇ ਆਪਣੇ ਮਨ ਵਿਚ ਆਪਣੇ ਹਿਰਦੇ ਵਿਚ (ਵੱਸਦਾ) ਪ੍ਰਭੂ ਲੱਭ ਲਿਆ ॥੪॥੧੧॥
17154	373	ਆਸਾ ਮਹਲਾ ੫ ਪੰਚਪਦੇ਽॥		Aasaa Mehalaa 5 Panchapadhae ||	Aasaa, Fifth Mehl, Panch-Padas:	
17155	374	ਪ੍ਰਥਮੇ ਤੇਰੀ ਨੀਕੀ ਜਾਤਿ॥		Prathhamae Thaeree Neekee Jaath ||	First, your social status is high.	(ਹੇ ਜੀਵ-ਇਸਤ੍ਰੀ! ਵੇਖ) ਪਹਿਲਾਂ ਤਾਂ ਤੇਰੀ (ਮਨੁੱਖਾ ਜਨਮ ਵਾਲੀ) ਚੰਗੀ ਜਾਤਿ ਹੈ;
17156	374	ਦੁਤੀਆ ਤੇਰੀ ਮਨੀਐ ਪਾਂਤਿ॥	(ਪਾਂਤਿ) ਖਾਨਦਾਨ। ਮੰਨੀਐ	Dhutheeaa Thaeree Maneeai Paanth ||	Second, you are honored in society.	ਦੂਜੇ, ਤੇਰੀ ਖ਼ਾਨਦਾਨੀ ਭੀ ਮੰਨੀ ਜਾਂਦੀ ਹੈ;

17157	374	ਤ੍ਰਿਤੀਆ ਤੇਰਾ ਸੁੰਦਰ ਥਾਨੁ॥		Thritheeaa Thaeraa Sundhar Thhaan ||	Third, your home is beautiful.	ਤੀਜੇ, ਤੇਰਾ ਸੋਹਣਾ ਸਰੀਰ ਹੈ,
17158	374	ਬਿਗੜਰੂਪੁ ਮਨ ਮਹਿ ਅਭਿਮਾਨੁ॥੧॥	(ਬਿਗੜਰੂਪ) ਕੋੜ੍ਹੀ	Bigarr Roop Man Mehi Abhimaan ||1||	But you are so ugly, with self-conceit in your mind. ||1||	ਪਰ ਤੇਰਾ ਰੂਪ ਕੋਝਾ ਹੀ ਰਿਹਾ (ਕਿਉਂਕਿ) ਤੇਰੇ ਮਨ ਵਿਚ ਅਹੰਕਾਰ ਹੈ ॥੧॥
17159	374	ਸੋਹਨੀ ਸਰੂਪਿ ਸੁਜਾਣਿ ਬਿਚਖਨਿ॥	(ਸੁਜਾਣਿ) ਸਿਆਣੀ। (ਬਿ-ਚੱਖਨਿ) ਚਤੁਰ	Sohanee Saroop Sujaan Bichakhan	O beautiful attractive wise and clever woman:	(ਹੇ ਜੀਵ-ਇਸਤ੍ਰੀ!) ਤੂੰ (ਵੇਖਣ ਨੂੰ) ਸੋਹਣੀ ਹੈਂ, ਰੂਪ ਵਾਲੀ ਹੈਂ, ਸਿਆਣੀ ਹੈਂ, ਚਤੁਰ ਹੈਂ।
17160	374	ਅਤਿ ਗਰਬੈ ਮੋਹਿ ਫਾਕੀ ਤੂੰ॥੧॥ਰਹਾਉ॥	(ਗਰਬੈ) ਹੰਕਾਰ। (ਫਾਕੀ) ਫਸੀ	Ath Garabai Mohi Faakee Thoon ||1|| Rehaao ||	You have been trapped by your pride and attachment. ||1||Pause||	ਪਰ ਤੂੰ ਬੜੇ ਅਹੰਕਾਰ ਅਤੇ ਮੋਹ ਵਿਚ ਫਸੀ ਪਈ ਹੈਂ ॥੧॥ ਰਹਾਉ ॥
17161	374	ਅਤਿ ਸੂਚੀ ਤੇਰੀ ਪਾਕਸਾਲ॥	(ਪਾਕਸਾਲ) ਰਸੋਈ	Ath Soochee Thaeree Paakasaal ||	Your kitchen is so clean.	(ਹੇ ਜੀਵ-ਇਸਤ੍ਰੀ!) ਤੇਰੀ ਬੜੀ ਸੁੱਚੀ (ਸੁਥਰੀ) ਰਸੋਈ ਹੈ (ਜਿਸ ਵਿਚ ਤੂੰ ਆਪਣਾ ਭੋਜਨ ਤਿਆਰ ਕਰਦੀ ਹੈਂ। ਬਾਕੀ ਪਸ਼ੂ ਪੰਛੀ ਤਾਂ ਵਿਚਾਰੇ ਗੰਦੇ ਮੰਦੇ ਥਾਵਾਂ ਤੋਂ ਹੀ ਢਿੱਡ ਭਰ ਲੈਂਦੇ ਹਨ)।
17162	374	ਕਰਿ ਇਸਨਾਨੁ ਪੂਜਾ ਤਿਲਕੁ ਲਾਲ॥		Kar Eisanaan Poojaa Thilak Laal ||	You take your bath, and worship, and apply the crimson mark upon your forehead;	ਤੂੰ ਇਸ਼ਨਾਨ ਕਰ ਕੇ ਪੂਜਾ ਭੀ ਕਰ ਸਕਦੀ ਹੈਂ ਮੱਥੇ ਉਤੇ ਲਾਲ ਤਿਲਕ ਲਾ ਲੈਂਦੀ ਹੈਂ।

17163	374	ਗਲੀ ਗਰਬਹਿ ਮੁਖਿ ਗੋਵਹਿ ਗਿਆਨ॥	(ਗੋਵਹਿ) ਉਚਾਰੇ। ਗੱਲੀਂ	Galee Garabehi Mukh Govehi Giaan ||	With your mouth you speak wisdom, but you are destroyed by pride.	ਤੂੰ ਗੱਲਾਂ ਨਾਲ ਆਪਣਾ ਆਪ ਭੀ ਜਤਾ ਲੈਂਦੀ ਹੈਂ (ਪਸ਼ੂਆਂ ਪੰਛੀਆਂ ਨੂੰ ਤਾਂ ਇਹ ਦਾਤਿ ਨਹੀਂ ਮਿਲੀ) ਮੂੰਹ ਨਾਲ ਗਿਆਨ ਦੀਆਂ ਗੱਲਾਂ ਭੀ ਕਰ ਸਕਦੀ ਹੈਂ।
17164	374	ਸਭਿ ਬਿਧਿ ਖੋਈ ਲੋਭਿ ਸੁਆਨ॥੨॥	(ਸੁਆਨ) ਕੁੱਤਾ	Sabh Bidhh Khoee Lobh Suaan ||2||	The dog of greed has ruined you in every way. ||2||	ਪਰ ਕੁੱਤੇ ਲੋਭ ਨੇ ਤੇਰੀ ਇਹ ਹਰੇਕ ਕਿਸਮ ਦੀ ਵਡਿਆਈ ਗਵਾ ਦਿੱਤੀ ਹੈ ॥੨॥
17165	374	ਕਾਪਰ ਪਹਿਰਹਿ ਭੋਗਹਿ ਭੋਗ॥		Kaapar Pehirehi Bhogehi Bhog ||	You wear your robes and enjoy pleasures;	(ਹੇ ਜੀਵ-ਇਸਤ੍ਰੀ!) ਤੂੰ (ਸੋਹਣੇ) ਕੱਪੜੇ ਪਹਿਨਦੀ ਹੈਂ (ਦੁਨੀਆ ਦੇ ਸਾਰੇ) ਭੋਗ ਭੋਗਦੀ ਹੈਂ,
17166	374	ਆਚਾਰ ਕਰਹਿ ਸੋਭਾ ਮਹਿ ਲੋਗ॥	(ਆਚਾਰ) ਕੰਮ	Aachaar Karehi Sobhaa Mehi Log ||	You practice good conduct to impress people;	ਜਗਤ ਵਿਚ ਸੋਭਾ ਖੱਟਣ ਲਈ ਤੂੰ ਮਿਥੇ ਹੋਏ ਧਾਰਮਿਕ ਕਰਮ ਵੀ ਕਰਦੀ ਹੈਂ,
17167	374	ਚੋਆ ਚੰਦਨ ਸੁਗੰਧ ਬਿਸਥਾਰ॥		Choaa Chandhan Sugandhh Bisathhaar ||	You apply scented oils of sandalwood and musk,	ਅਤਰ ਚੰਦਨ ਤੇ ਹੋਰ ਅਨੇਕਾਂ ਸੁਗੰਧੀਆਂ ਵਰਤਦੀ ਹੈਂ,
17168	374	ਸੰਗੀ ਖੋਟਾ ਕ੍ਰੋਧੁ ਚੰਡਾਲ॥੩॥		Sangee Khottaa Krodhh Chanddaal ||3||	But your constant companion is the demon of anger. ||3||	ਪਰ ਚੰਡਾਲ ਕ੍ਰੋਧ ਤੇਰਾ ਭੈੜਾ ਸਾਥੀ ਹੈ ॥੩॥
17169	374	ਅਵਰ ਜੋਨਿ ਤੇਰੀ ਪਨਿਹਾਰੀ॥	(ਪਨਿਹਾਰੀ) ਪਾਣੀ ਭਰਨ ਵਾਲ਼ੀਆਂ	Avar Jon Thaeree Panihaaree ||	Other people may be your water-carriers;	(ਹੇ ਜੀਵ-ਇਸਤ੍ਰੀ!) ਹੋਰ ਸਾਰੀਆਂ ਜੂਨਾਂ ਤੇਰੀਆਂ ਸੇਵਕ ਹਨ,
17170	374	ਇਸੁ ਧਰਤੀ ਮਹਿ ਤੇਰੀ ਸਿਕਦਾਰੀ॥	(ਸਿੱਕਦਾਰੀ) ਸਰਦਾਰੀ	Eis Dhharathee Mehi Thaeree Sikadhaaree ||	In this world, you may be a ruler.	ਇਸ ਧਰਤੀ ਉਤੇ ਤੇਰੀ ਹੀ ਸਰਦਾਰੀ ਹੈ।

17171	374	ਸੁਇਨਾ ਰੂਪਾ ਤੁਝ ਪਹਿ ਦਾਮ॥	(ਦਾਮ) ਧਨ	Sueinaa Roopaa Thujh Pehi Dhaam ||	Gold, silver and wealth may be yours,	ਤੇਰੇ ਪਾਸ ਸੋਨਾ ਹੈ ਚਾਂਦੀ ਹੈ ਧਨ-ਪਦਾਰਥ ਹੈ (ਹੋਰ ਜੂਨਾਂ ਪਾਸ ਇਹ ਚੀਜ਼ਾਂ ਨਹੀਂ ਹਨ)
17172	374	ਸੀਲੁ ਬਿਗਾਰਿਓ ਤੇਰਾ ਕਾਮ॥੪॥	(ਸੀਲੁ) ਸੁੱਚਾ ਆਚਰਨ	Seel Bigaariou Thaeraa Kaam ||4||	But the goodness of your conduct has been destroyed by sexual promiscuity. ||4||	ਪਰ ਕਾਮ-ਵਾਸਨਾ ਨੇ ਤੇਰਾ ਸੁਭਾਉ (ਜੋ ਸਭ ਤੋਂ ਉੱਚੀ ਸ਼੍ਰੇਣੀ ਵਾਲਿਆਂ ਨੂੰ ਫਬਦਾ ਹੈ) ਵਿਗਾੜ ਦਿੱਤਾ ਹੋਇਆ ਹੈ ॥੪॥
17173	374	ਜਾ ਕਉ ਦ੍ਰਿਸਟਿ ਮਇਆ ਹਰਿ ਰਾਇ॥	(ਮਇਆ) ਦਇਆ	Jaa Ko Dhrisatt Maeiaa Har Raae ||	That soul, upon whom the Lord has bestowed His Glance of Grace,	ਜਿਸ ਜੀਵ-ਇਸਤ੍ਰੀ ਉਤੇ ਪ੍ਰਭੂ-ਪਾਤਿਸ਼ਾਹ ਦੀ ਮੇਹਰ ਦੀ ਨਜ਼ਰ ਪੈਂਦੀ ਹੈ,
17174	374	ਸਾ ਬੰਦੀ ਤੇ ਲਈ ਛਡਾਇ॥	(ਬੰਦੀ) ਕੈਦ	Saa Bandhee Thae Lee Shhaddaae ||	Is delivered from bondage.	ਉਸ ਨੂੰ ਉਹ (ਲੋਭ ਕ੍ਰੋਧ ਕਾਮ ਆਦਿਕ ਦੀ) ਕੈਦ ਤੋਂ ਛਡਾ ਲੈਂਦਾ ਹੈ।
17175	374	ਸਾਧਸੰਗਿ ਮਿਲਿ ਹਰਿ ਰਸੁ ਪਾਇਆ॥		Saadhhasang Mil Har Ras Paaeiaa ||	Joining the Saadh Sangat, the Company of the Holy, the Lord's sublime essence is obtained.	ਜਿਸ ਸਰੀਰ ਨੇ (ਜੀਵ ਨੇ ਮਨੁੱਖਾ ਸਰੀਰ ਪ੍ਰਾਪਤ ਕਰ ਕੇ) ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੇ ਨਾਮ ਦਾ ਸਵਾਦ ਮਾਣਿਆ,
17176	374	ਕਹੁ ਨਾਨਕ ਸਫਲ ਓਹ ਕਾਇਆ॥੫॥	(ਕਾਇਆ) ਸ਼੍ਰੀਰ	Kahu Naanak Safal Ouh Kaaeiaa ||5||	Says Nanak, how fruitful is that body. ||5||	ਹੇ ਨਾਨਕ! ਉਹ ਸਰੀਰ ਹੀ ਕਾਮਯਾਬ ਹੈ ॥੫॥

17177	374	ਸਭਿ ਰੂਪ ਸਭਿ ਸੁਖ ਬਨੇ ਸੁਹਾਗਨਿ॥		Sabh Roop Sabh Sukh Banae Suhaagan ||	All graces and all comforts shall come to you, as the happy soul-bride;	(ਹੇ ਜੀਵ-ਇਸਤ੍ਰੀ!) ਜੇ ਤੂੰ ਪ੍ਰਭੂ-ਪਤੀ ਵਾਲੀ ਬਣ ਜਾਏਂ ਤਾਂ ਸਾਰੇ ਸੋਹਜ ਤੇ ਸਾਰੇ ਸੁਖ (ਜੋ ਤੈਨੂੰ ਮਿਲੇ ਹੋਏ ਹਨ) ਤੈਨੂੰ ਫਬ ਜਾਣ;
17178	374	ਅਤਿ ਸੁੰਦਰਿ ਬਿਚਖਨਿ ਤੂੰ॥੧॥ਰਹਾਉ ਦੂਜਾ॥੧੨॥	(ਬਿਚੱਖਨਿ) ਚਤੁਰ	Ath Sundhar Bichakhan Thoon ||1|| Rehaao Dhoojaa ||12||	You shall be supremely beautiful and wise. ||1||Second Pause||12||	ਤੂੰ (ਸਚ-ਮੁਚ) ਬੜੀ ਸੋਹਣੀ ਤੇ ਬੜੀ ਸਿਆਣੀ ਬਣ ਜਾਏਂ ॥੧॥ ਰਹਾਉ ਦੂਜਾ ॥੧੨॥
17179	374	ਆਸਾ ਮਹਲਾ ੫ ਇਕਤੁਕੇ ੨॥		Aasaa Mehalaa 5 Eikathukae 2 ||	Aasaa, Fifth Mehl, Ik-Tukas 2 :	
17180	374	ਜੀਵਤ ਦੀਸੈ ਤਿਸੁ ਸਰਪਰ ਮਰਣਾ॥	ਇਕ ਤੁਕੇ, ਦੋ ਸ਼ਬਦ ਆਉਣਗੇ, ੨ ਨੂੰ ਦੋ ਪੜ੍ਹੋ	Jeevath Dheesai This Sarapar Maranaa ||	One who is seen to be alive, shall surely die.	(ਹੇ ਭਾਈ!) ਜੇਹੜਾ ਮਨੁੱਖ (ਮਾਇਆ ਦੇ ਮਾਣ ਦੇ ਆਸਰੇ) ਜੀਊਂਦਾ ਦਿੱਸਦਾ ਹੈ ਉਸ ਨੂੰ ਜ਼ਰੂਰ ਆਤਮਕ ਮੌਤ ਹੜੱਪ ਕਰੀ ਰੱਖਦੀ ਹੈ;
17181	374	ਮੁਆ ਹੋਵੈ ਤਿਸੁ ਨਿਹਚਲੁ ਰਹਣਾ॥੧॥		Muaa Hovai This Nihachal Rehanaa ||1||	But he who is dead shall remain ever-lasting. ||1||	ਪਰ ਜੇਹੜਾ ਮਨੁੱਖ (ਮਾਇਆ ਦੇ ਮਾਣ ਵਲੋਂ) ਅਛੋਹ ਹੈ ਉਸ ਨੂੰ ਅਟੱਲ ਆਤਮਕ ਜੀਵਨ ਮਿਲਿਆ ਰਹਿੰਦਾ ਹੈ ॥੧॥

17182	374	ਜੀਵਤ ਮੁਏ ਮੁਏ ਸੇ ਜੀਵੇ॥		Jeevath Mueae Mueae Sae Jeevae ||	Those who die while yet alive, shall through this death, live on.	(ਹੇ ਭਾਈ!) ਜੇਹੜੇ ਮਨੁੱਖ ਮਾਇਆ ਦੇ ਮਨ ਵਿਚ ਮਸਤ ਰਹਿੰਦੇ ਹਨ ਉਹ ਆਤਮਕ ਮੌਤੇ ਮਰੇ ਰਹਿੰਦੇ ਹਨ। ਪਰ, ਜੇਹੜੇ ਮਨੁੱਖ ਮਾਇਆ ਦੇ ਮਾਣ ਵਲੋਂ ਅਛੋਹ ਹਨ ਉਹ ਆਤਮਕ ਜੀਵਨ ਵਾਲੇ ਹਨ।
17183	374	ਹਰਿ ਹਰਿ ਨਾਮੁ ਅਵਖਧੁ ਮੁਖਿ ਪਾਇਆ ਗੁਰ ਸਬਦੀ ਰਸੁ ਅੰਮ੍ਰਿਤੁ ਪੀਵੇ॥੧॥ਰਹਾਉ॥		Har Har Naam Avakhadhh Mukh Paaeiaa Gur Sabadhee Ras Anmrith Peevae ||1|| Rehaao ||	They place the Name of the Lord, Har, Har, as medicine in their mouths, and through the Word of the Guru's Shabad, they drink in the Ambrosial Nectar. ||1||Pause||	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ-ਦਾਰੂ ਆਪਣੇ ਮੂੰਹ ਵਿਚ ਰੱਖਿਆ (ਆਤਮਕ ਮੌਤ ਵਾਲਾ ਰੋਗ ਉਹਨਾਂ ਦੇ ਅੰਦਰੋਂ ਦੂਰ ਹੋ ਗਿਆ) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਤਾ ॥੧॥ ਰਹਾਉ ॥
17184	374	ਕਾਚੀ ਮਟੁਕੀ ਬਿਨਸਿ ਬਿਨਾਸਾ॥		Kaachee Mattukee Binas Binaasaa ||	The clay pot of the body shall be broken.	(ਹੇ ਭਾਈ! ਜਿਵੇਂ) ਕੱਚਾ ਘੜਾ ਜ਼ਰੂਰ ਨਾਸ ਹੋਣ ਵਾਲਾ ਹੈ (ਤਿਵੇਂ ਮਾਇਆ ਨਾਲੋਂ ਭੀ ਸਾਥ ਆਖ਼ਰ ਜ਼ਰੂਰ ਟੁੱਟਦਾ ਹੈ।
17185	374	ਜਿਸੁ ਛੂਟੈ ਤ੍ਰਿਕੁਟੀ ਤਿਸੁ ਨਿਜ ਘਰਿ ਵਾਸਾ॥੨॥	(ਤ੍ਰਿਕੁਟੀ) ਤਿੰਨ ਗੁਣ ਮਾਇਆ ਦੇ	Jis Shhoottai Thrikuttee This Nij Ghar Vaasaa ||2||	One who has eliminated the three qualities dwells in the home of his inner self. ||2||	ਮਾਇਆ ਦੇ ਮਾਣ ਤੇ ਦੂਜਿਆਂ ਨਾਲ ਖਿੱਝਣਾ ਮੂਰਖਤਾ ਹੈ) ਜਿਸ ਮਨੁੱਖ ਦੇ ਅੰਦਰੋਂ (ਮਾਇਆ ਦੇ ਮਾਣ ਦੇ ਕਾਰਨ ਪੈਦਾ ਹੋਈ) ਖਿੱਝ ਮੁੱਕੀ ਰਹਿੰਦੀ ਹੈ, ਉਸ ਦਾ ਨਿਵਾਸ (ਸਦਾ) ਪ੍ਰਭੂ-ਚਰਨਾਂ ਵਿਚ ਰਹਿੰਦਾ ਹੈ ॥੨॥

17186	374	ਊਚਾ ਚੜੈ ਸੁ ਪਵੈ ਪਇਆਲਾ॥	ਚੜ੍ਹੈ-ਇਆਲਾ	Oochaa Charrai S Pavai Paeiaalaa ||	One who climbs high, shall fall into the nether regions of the underworld.	(ਹੇ ਭਾਈ! ਮਾਇਆ ਦੇ ਵਿਚ) ਜੇਹੜਾ ਮਨੁੱਖ ਸਿਰ ਉੱਚਾ ਕਰੀ ਰੱਖਦਾ ਹੈ (ਆਕੜਿਆ ਫਿਰਦਾ ਹੈ) ਉਹ ਆਤਮਕ ਮੌਤ ਦੇ ਟੋਏ ਵਿਚ ਪਿਆ ਰਹਿੰਦਾ ਹੈ।
17187	374	ਧਰਨਿ ਪੜੈ ਤਿਸੁ ਲਗੈ ਨ ਕਾਲਾ॥੩॥	ਪੜੈ: ੜ ਹਲੰਤ ਨ ਲਾਉ। ਕੱਾਲਾ	Dhharan Parrai This Lagai N Kaalaa ||3||	One who lies upon the ground, shall not be touched by death. ||3||	ਪਰ, ਜੇਹੜਾ ਮਨੁੱਖ ਸਦਾ ਨਿਮ੍ਰਤਾ ਧਾਰਦਾ ਹੈ ਉਸ ਨੂੰ ਆਤਮਕ ਮੌਤ ਪੋਹ ਨਹੀਂ ਸਕਦੀ ॥੩॥
17188	374	ਭ੍ਰਮਤ ਫਿਰੇ ਤਿਨ ਕਿਛੂ ਨ ਪਾਇਆ॥		Bhramath Firae Thin Kishhoo N Paaeiaa ||	Those who continue to wander around, achieve nothing.	(ਹੇ ਭਾਈ!) ਜੇਹੜੇ ਮਨੁੱਖ (ਮਾਇਆ ਦੀ ਖ਼ਾਤਰ ਹੀ ਸਦਾ) ਭਟਕਦੇ ਫਿਰਦੇ ਹਨ (ਆਤਮਕ ਜੀਵਨ ਦੀ ਦਾਤਿ ਵਿਚੋਂ) ਉਹਨਾਂ ਨੂੰ ਕੁਝ ਭੀ ਨਹੀਂ ਮਿਲਦਾ।
17189	374	ਸੇ ਅਸਥਿਰ ਜਿਨ ਗੁਰ ਸਬਦੁ ਕਮਾਇਆ॥੪॥		Sae Asathhir Jin Gur Sabadh Kamaaeiaa ||4||	Those who practice the Guru's Teachings, become steady and stable. ||4||	ਪਰ, ਜਿਨ੍ਹਾਂ ਨੇ ਗੁਰੂ ਦੇ ਸ਼ਬਦ ਨੂੰ (ਆਪਣੇ ਜੀਵਨ ਵਿਚ) ਵਰਤਿਆ ਹੈ ਉਹ (ਮਾਇਆ ਦੇ ਮੋਹ ਵਲੋਂ) ਅਡੋਲ-ਚਿੱਤ ਰਹਿੰਦੇ ਹਨ ॥੪॥
17190	374	ਜੀਉ ਪਿੰਡੁ ਸਭੁ ਹਰਿ ਕਾ ਮਾਲੁ॥		Jeeo Pindd Sabh Har Kaa Maal ||	This body and soul all belong to the Lord.	ਜਿਨ੍ਹਾਂ ਮਨੁੱਖਾਂ ਨੇ ਇਹ ਜਿੰਦ ਤੇ ਸਰੀਰ ਸਭ ਕੁਝ ਪਰਮਾਤਮਾ ਦੀ ਦਿੱਤੀ ਦਾਤਿ ਸਮਝਿਆ ਹੈ,

17191	374	ਨਾਨਕ ਗੁਰ ਮਿਲਿ ਭਏ ਨਿਹਾਲ॥੫॥੧੩॥		Naanak Gur Mil Bheae Nihaal ||5||13||	O Nanak, meeting the Guru, I am enraptured. ||5||13||	ਹੇ ਨਾਨਕ! ਉਹ ਗੁਰੂ ਨੂੰ ਮਿਲ ਕੇ ਸਦਾ ਖਿੜੇ-ਮੱਥੇ ਰਹਿੰਦੇ ਹਨ (ਉਹਨਾਂ ਦੀ ਤ੍ਰਿਕੁਟੀ ਮੁੱਕ ਜਾਂਦੀ ਹੈ) ॥੫॥੧੩॥
17192	374	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17193	374	ਪੁਤਰੀ ਤੇਰੀ ਬਿਧਿ ਕਰਿ ਥਾਟੀ॥	ਪੁਤਰੀ:ਪੋਲਾ ਬੋਲੋ। (ਪੁਤਰੀ) ਦੇਹੀ। (ਥਾਟੀ) ਬਣਾਈ	Putharee Thaeree Bidhh Kar Thhaattee ||	The puppet of the body has been fashioned with great skill.	(ਇਹ ਠੀਕ ਹੈ ਕਿ ਪਰਮਾਤਮਾ ਨੇ) ਤੇਰਾ ਇਹ ਸਰੀਰ ਬੜੀ ਸਿਆਣਪ ਨਾਲ ਬਣਾਇਆ ਹੈ,
17194	374	ਜਾਨੁ ਸਤਿ ਕਰਿ ਹੋਇਗੀ ਮਾਟੀ॥੧॥		Jaan Sath Kar Hoeigee Maattee ||1||	Know for sure that it shall turn to dust. ||1||	(ਪਰ ਇਹ ਭੀ) ਸੱਚ ਕਰ ਕੇ ਸਮਝ ਕਿ (ਇਸ ਸਰੀਰ ਨੇ ਆਖ਼ਿਰ) ਮਿੱਟੀ ਹੋ ਜਾਣਾ ਹੈ ॥੧॥
17195	374	ਮੂਲੁ ਸਮਾਲਹੁ ਅਚੇਤ ਗਵਾਰਾ॥	(ਅਚੇਤ) ਬੇਸਮਝ। (ਗਵਾਰਾ) ਮੂਰਖ	Mool Samaalahu Achaeth Gavaaraa ||	Remember your origins, O thoughtless fool.	ਹੇ ਗ਼ਾਫ਼ਿਲ ਜੀਵ! ਹੇ ਮੂਰਖ ਜੀਵ! (ਜਿਸ ਤੋਂ ਤੂੰ ਪੈਦਾ ਹੋਇਆ ਹੈਂ ਉਸ) ਮੁੱਢ (ਪ੍ਰਭੂ) ਨੂੰ (ਹਿਰਦੇ ਵਿਚ ਸਦਾ) ਸਾਂਭ ਕੇ ਰੱਖ।
17196	374	ਇਤਨੇ ਕਉ ਤੁਮ੍ ਕਿਆ ਗਰਬੇ॥੧॥ਰਹਾਉ॥		Eithanae Ko Thumh Kiaa Garabae ||1|| Rehaao ||	Why are you so proud of yourself? ||1||Pause||	ਇਸ ਹੋਛੀ ਪਾਂਇਆਂ ਵਾਲੇ ਸਰੀਰ ਦੀ ਖ਼ਾਤਰ ਕੀਹ ਮਾਣ ਕਰਦਾ ਹੈਂ? ॥੧॥ ਰਹਾਉ ॥
17197	374	ਤੀਨਿ ਸੇਰ ਕਾ ਦਿਹਾੜੀ ਮਿਹਮਾਨੁ॥		Theen Saer Kaa Dhihaarree Mihamaan ||	You are a guest, given three meals a day;	(ਤੂੰ ਜਗਤ ਵਿਚ ਇਕ) ਪਰਾਹੁਣਾ ਹੈਂ ਜਿਸ ਨੂੰ ਰੋਜ਼ ਦਾ ਤਿੰਨ ਸੇਰ (ਕੱਚੇ ਆਟਾ ਆਦਿਕ) ਮਿਲਦਾ ਹੈ।

17198	374	ਅਵਰ ਵਸਤੁ ਤੁਝ ਪਾਹਿ ਅਮਾਨ॥੨॥	(ਅਮਾਨ) ਅਮਾਨਤ	Avar Vasath Thujh Paahi Amaan ||2||	Other things are entrusted to you. ||2||	ਹੋਰ ਸਾਰੀ ਚੀਜ਼ ਤੇਰੇ ਪਾਸ ਅਮਾਨਤ (ਵਾਂਗ ਹੀ ਪਈ) ਹੈ ॥੨॥
17199	374	ਬਿਸਟਾ ਅਸਤ ਰਕਤੁ ਪਰੇਟੇ ਚਾਮ॥	(ਅਸ-ਤ) ਹੱਡ। (ਰਕਤੁ) ਲਹੂ।(ਪਰੇਟੇ) ਲਪੇਟੇ	Bisattaa Asath Rakath Paraettae Chaam ||	You are just excrement, bones and blood, wrapped up in skin	(ਤੇਰੇ ਅੰਦਰ ਦੇ) ਵਿਸ਼ਟਾ ਹੱਡੀਆਂ ਤੇ ਲਹੂ (ਆਦਿਕ ਬਾਹਰਲੇ) ਚੰਮ ਨਾਲ ਲਪੇਟੇ ਹੋਏ ਹਨ,
17200	374	ਇਸੁ ਊਪਰਿ ਲੇ ਰਾਖਿਓ ਗੁਮਾਨ॥੩॥		Eis Oopar Lae Raakhiou Gumaan ||3||	- this is what you are taking such pride in! ||3||	ਪਰ ਤੂੰ ਇਸੇ ਉਤੇ ਹੀ ਮਾਣ ਕਰੀ ਜਾ ਰਿਹਾ ਹੈਂ ॥੩॥
17201	374	ਏਕ ਵਸਤੁ ਬੂਝਹਿ ਤਾ ਹੋਵਹਿ ਪਾਕ॥		Eaek Vasath Boojhehi Thaa Hovehi Paak ||	If you could understand even one thing, then you would be pure.	ਜੇ ਤੂੰ ਇਕ ਪ੍ਰਭੂ ਦੇ ਨਾਮ-ਪਦਾਰਥ ਨਾਲ ਸਾਂਝ ਪਾ ਲਏਂ ਤਾਂ ਤੂੰ ਪਵਿਤ੍ਰ ਜੀਵਨ ਵਾਲਾ ਹੋ ਜਾਏਂ।
17202	374	ਬਿਨੁ ਬੂਝੇ ਤੂੰ ਸਦਾ ਨਾਪਾਕ॥੪॥	(ਨਾਪਾਕ)ਅਪਵਿੱਤ੍ਰ। ਬੂੱਝੇ	Bin Boojhae Thoon Sadhaa Naapaak ||4||	Without understanding, you shall be forever impure. ||4||	ਪ੍ਰਭੂ ਦੇ ਨਾਮ ਨਾਲ ਸਾਂਝ ਪਾਣ ਤੋਂ ਬਿਨਾ ਤੂੰ ਸਦਾ ਹੀ ਅਪਵਿਤ੍ਰ ਹੈਂ ॥੪॥
17203	374	ਕਹੁ ਨਾਨਕ ਗੁਰ ਕਉ ਕੁਰਬਾਨੁ॥		Kahu Naanak Gur Ko Kurabaan ||	Says Nanak, I am a sacrifice to the Guru;	ਨਾਨਕ ਆਖਦਾ ਹੈ- (ਹੇ ਮੂਰਖ ਜੀਵ!) ਉਸ ਗੁਰੂ ਤੋਂ ਸਦਕੇ ਹੋ,
17204	374	ਜਿਸ ਤੇ ਪਾਈਐ ਹਰਿ ਪੁਰਖੁ ਸੁਜਾਨੁ॥੫॥੧੪॥		Jis Thae Paaeeai Har Purakh Sujaan ||5||14||	Through Him, I obtain the Lord, the All-knowing Primal Being. ||5||14||	ਜਿਸ ਦੀ ਰਾਹੀਂ ਸਭ ਦੇ ਦਿਲ ਦੀ ਜਾਣਨ ਵਾਲਾ ਸਰਬ-ਵਿਆਪਕ ਪਰਮਾਤਮਾ ਮਿਲ ਸਕਦਾ ਹੈ ॥੫॥੧੪॥

17205	374	ਆਸਾ ਮਹਲਾ ੫ ਇਕਤੁਕੇ ਚਉਪਦੇ॥		Aasaa Mehalaa 5 Eikathukae Choupadhae ||	Aasaa, Fifth Mehl, Ik-Tukas, Chau-Padas:	
17206	374	ਇਕ ਘੜੀ ਦਿਨਸੁ ਮੋਕਉ ਬਹੁਤੁ ਦਿਹਾਰੇ॥	ਇੱਕਤੁਕੇ। ਚਉਪਦੇ	Eik Gharree Dhinas Mo Ko Bahuth Dhihaarae ||	One moment, one day, is for me many days.	(ਹੇ ਭਾਈ!) ਦਿਨ ਦੀ ਇਕ ਘੜੀ ਭੀ (ਪ੍ਰਭੂ-ਪਤੀ ਦੇ ਵਿਛੋੜੇ ਵਿਚ) ਮੈਨੂੰ ਕਈ ਦਿਨਾਂ ਬਰਾਬਰ ਜਾਪਦੀ ਹੈ,
17207	374	ਮਨੁ ਨ ਰਹੈ ਕੈਸੇ ਮਿਲਉ ਪਿਆਰੇ॥੧॥		Man N Rehai Kaisae Milo Piaarae ||1||	My mind cannot survive - how can I meet my Beloved? ||1||	(ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ) ਮੇਰਾ ਮਨ ਧੀਰਜ ਨਹੀਂ ਫੜਦਾ (ਮੈਂ ਹਰ ਵੇਲੇ ਸੋਚਦੀ ਰਹਿੰਦੀ ਹਾਂ ਕਿ) ਪਿਆਰੇ ਨੂੰ ਕਿਵੇਂ ਮਿਲਾਂ ॥੧॥
17208	374	ਇਕੁ ਪਲੁ ਦਿਨਸੁ ਮੋਕਉ ਕਬਹੁ ਨ ਬਿਹਾਵੈ॥		Eik Pal Dhinas Mo Ko Kabahu N Bihaavai ||	I cannot endure one day, even one instant without Him.	(ਹੇ ਭਾਈ! ਪ੍ਰਭੂ-ਪਤੀ ਦੇ ਵਿਛੋੜੇ ਵਿਚ) ਇਕ ਪਲ ਭੀ ਇਕ ਦਿਨ ਭੀ ਮੈਨੂੰ (ਇਉਂ ਜਾਪਦਾ ਹੈ ਕਿ) ਕਦੇ ਮੁੱਕਦਾ ਹੀ ਨਹੀਂ।
17209	375	ਦਰਸਨ ਕੀ ਮਨਿ ਆਸ ਘਨੇਰੀ ਕੋਈ ਐਸਾ ਸੰਤੁ ਮੋਕਉ ਪਿਰਹਿ ਮਿਲਾਵੈ॥੧॥ਰਹਾਉ॥	(ਘਨੇਰੀ) ਬਹੁਤ	Dharasan Kee Man Aas Ghanaeree Koee Aisaa Santh Mo Ko Pirehi Milaavai ||1|| Rehaao ||	My mind's desire for the Blessed Vision of His Darshan is so great. Is there any Saint who can lead me to meet my Beloved? ||1||Pause||	ਮੇਰੇ ਮਨ ਵਿਚ ਬੜੀ ਤਾਂਘ ਲੱਗੀ ਰਹਿੰਦੀ ਹੈ ਕਿ ਮੈਨੂੰ ਕੋਈ ਅਜੇਹਾ ਸੰਤ ਮਿਲ ਪਏ ਜੇਹੜਾ ਮੈਨੂੰ ਪ੍ਰਭੂ-ਪਤੀ ਨਾਲ ਮਿਲਾ ਦੇਵੇ ॥੧॥ ਰਹਾਉ ॥

17210	375	ਚਾਰਿ ਪਹਰ ਚਹੁ ਜੁਗਹ ਸਮਾਨੇ॥		Chaar Pehar Chahu Jugeh Samaanae ||	The four watches of the day are like the four ages.	(ਦਿਨ ਦੇ) ਚਾਰ ਪਹਰ (ਵਿਛੋੜੇ ਵਿਚ ਮੈਨੂੰ) ਚਾਰ ਜੁਗਾਂ ਦੇ ਬਰਾਬਰ ਜਾਪਦੇ ਹਨ,
17211	375	ਰੈਣਿ ਭਈ ਤਬ ਅੰਤੁ ਨ ਜਾਨੇ॥੨॥		Rain Bhee Thab Anth N Jaanae ||2||	And when night comes, I think that it shall never end. ||2||	ਜਦੋਂ ਰਾਤ ਆ ਪੈਂਦੀ ਹੈ ਤਦੋਂ ਤਾਂ ਉਹ ਮੁੱਕਣ ਵਿਚ ਨਹੀਂ ਆਉਂਦੀ ॥੨॥
17212	375	ਪੰਚ ਦੂਤ ਮਿਲਿ ਪਿਰਹੁ ਵਿਛੋੜੀ॥		Panch Dhooth Mil Pirahu Vishhorree ||	The five demons have joined together, to separate me from my Husband Lord.	(ਕਾਮਾਦਿਕ) ਪੰਜਾਂ ਵੈਰੀਆਂ ਨੇ ਮਿਲ ਕੇ (ਜਿਸ ਭੀ ਜੀਵ-ਇਸਤ੍ਰੀ ਨੂੰ) ਪ੍ਰਭੂ-ਪਤੀ ਤੋਂ ਵਿਛੋੜਿਆ ਹੈ,
17213	375	ਭ੍ਰਮਿ ਭ੍ਰਮਿ ਰੋਵੈ ਹਾਥ ਪਛੋੜੀ॥੩॥	(ਪਛੋੜੀ) ਪਛੁਤਾਉਂਦੀ	Bhram Bhram Rovai Haathh Pashhorree ||3||	Wandering and rambling, I cry out and wring my hands. ||3||	ਉਹ ਭਟਕ ਭਟਕ ਕੇ ਰੋਂਦੀ ਹੈ ਤੇ ਪਛੁਤਾਂਦੀ ਹੈ ॥੩॥
17214	375	ਜਨ ਨਾਨਕ ਕਉ ਹਰਿ ਦਰਸੁ ਦਿਖਾਇਆ॥		Jan Naanak Ko Har Dharas Dhikhaaeiaa ||	The Lord has revealed the Blessed Vision of His Darshan to servant Nanak;	ਹੇ ਦਾਸ ਨਾਨਕ! (ਜਿਸ ਜੀਵ ਨੂੰ) ਪਰਮਾਤਮਾ ਨੇ ਦਰਸਨ ਦਿੱਤਾ,
17215	375	ਆਤਮੁ ਚੀਨ੍ਹਿ ਪਰਮ ਸੁਖੁ ਪਾਇਆ॥੪॥੧੫॥		Aatham Cheenih Param Sukh Paaeiaa ||4||15||	Realizing his own self, he has obtained supreme peace. ||4||15||	ਉਸ ਨੇ ਆਪਣੇ ਆਤਮਕ ਜੀਵਨ ਨੂੰ ਪੜਤਾਲ ਕੇ ਸਭ ਤੋਂ ਉੱਚਾ ਆਤਮਕ ਆਨੰਦ ਪ੍ਰਾਪਤ ਕਰ ਲਿਆ ॥੪॥੧੫॥
17216	375	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

17217	375	ਹਰਿ ਸੇਵਾ ਮਹਿ ਪਰਮ ਨਿਧਾਨੁ॥	(ਨਿਧਾਨੁ) ਖਜ਼ਾਨਾ	Har Saevaa Mehi Param Nidhhaan ||	In the Lord's service, are the greatest treasures.	(ਹੇ ਭਾਈ!) ਪਰਮਾਤਮਾ ਦੀ ਸੇਵਾ ਵਿਚ ਸਭ ਤੋਂ ਉੱਚਾ (ਆਤਮਕ ਜੀਵਨ ਦਾ) ਖ਼ਜ਼ਾਨਾ (ਲੁਕਿਆ ਪਿਆ ਹੈ।)
17218	375	ਹਰਿ ਸੇਵਾ ਮੁਖਿ ਅੰਮ੍ਰਿਤ ਨਾਮੁ॥੧॥		Har Saevaa Mukh Anmrith Naam ||1||	Serving the Lord, the Ambrosial Naam comes into one's mouth. ||1||	ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਮੂੰਹ ਨਾਲ ਉਚਾਰਨਾ-ਇਹ ਪਰਮਾਤਮਾ ਦੀ ਸੇਵਾ ਹੈ ॥੧॥
17219	375	ਹਰਿ ਮੇਰਾ ਸਾਥੀ ਸੰਗਿ ਸਖਾਈ॥		Har Maeraa Saathhee Sang Sakhaaee ||	The Lord is my Companion; He is with me, as my Help and Support.	(ਹੇ ਭਾਈ!) ਪਰਮਾਤਮਾ ਮੇਰਾ ਸਾਥੀ ਹੈ ਮਿੱਤਰ ਹੈ।
17220	375	ਦੁਖਿ ਸੁਖਿ ਸਿਮਰੀ ਤਹ ਮਉਜੂਦੁ ਜਮੁ ਬਪੁਰਾ ਮੋਕਉ ਕਹਾ ਡਰਾਈ॥੧॥ਰਹਾਉ॥	ਮਉਜੂਦੁ, ਬਪੁਰਾ	Dhukh Sukh Simaree Theh Moujoodh Jam Bapuraa Mo Ko Kehaa Ddaraaee ||1|| Rehaao ||	In pain and pleasure, whenever I remember Him, He is present. How can the poor Messenger of Death frighten me now? ||1||Pause||	ਦੁੱਖ ਵੇਲੇ ਸੁਖ ਵੇਲੇ (ਜਦੋਂ ਭੀ) ਮੈਂ ਉਸ ਨੂੰ ਯਾਦ ਕਰਦਾ ਹਾਂ, ਉਹ ਉਥੇ ਹਾਜ਼ਰ ਹੁੰਦਾ ਹੈ। ਸੋ, ਵਿਚਾਰਾ ਜਮ ਮੈਨੂੰ ਕਿਥੇ ਡਰਾ ਸਕਦਾ ਹੈ? ॥੧॥ ਰਹਾਉ ॥
17221	375	ਹਰਿ ਮੇਰੀ ਓਟ ਮੈ ਹਰਿ ਕਾ ਤਾਣੁ॥		Har Maeree Outt Mai Har Kaa Thaan ||	The Lord is my Support; the Lord is my Power.	(ਹੇ ਭਾਈ!) ਪਰਮਾਤਮਾ ਹੀ ਮੇਰੀ ਓਟ ਹੈ, ਮੈਨੂੰ ਪਰਮਾਤਮਾ ਦਾ ਹੀ ਸਹਾਰਾ ਹੈ,

17222	375	ਹਰਿ ਮੇਰਾ ਸਖਾ ਮਨ ਮਾਹਿ ਦੀਬਾਣੁ॥੨॥	(ਦੀਬਾਣੁ) ਆਸਰਾ	Har Maeraa Sakhaa Man Maahi Dheebaan ||2||	The Lord is my Friend; He is my mind's advisor. ||2||	ਪਰਮਾਤਮਾ ਮੇਰਾ ਮਿੱਤਰ ਹੈ, ਮੈਨੂੰ ਆਪਣੇ ਮਨ ਵਿਚ ਪਰਮਾਤਮਾ ਦਾ ਹੀ ਆਸਰਾ ਹੈ ॥੨॥
17223	375	ਹਰਿ ਮੇਰੀ ਪੂੰਜੀ ਮੇਰਾ ਹਰਿ ਵੇਸਾਹੁ॥	(ਵੇਸਾਹੁ) ਭਰੋਸਾ	Har Maeree Poonjee Maeraa Har Vaesaahu ||	The Lord is my capital; the Lord is my credit.	ਪਰਮਾਤਮਾ (ਦਾ ਨਾਮ ਹੀ) ਮੇਰੀ ਰਾਸਿ-ਪੂੰਜੀ ਹੈ, ਪਰਮਾਤਮਾ (ਦਾ ਨਾਮ ਹੀ) ਮੇਰੇ ਵਾਸਤੇ (ਆਤਮਕ ਜੀਵਨ ਦਾ ਵਪਾਰ ਕਰਨ ਲਈ) ਸਾਖ ਹੈ (ਇਤਬਾਰ ਦਾ ਵਸੀਲਾ ਹੈ)।
17224	375	ਗੁਰਮੁਖਿ ਧਨੁ ਖਟੀ ਹਰਿ ਮੇਰਾ ਸਾਹੁ॥੩॥	ਖੱਟੀ	Guramukh Dhhan Khattee Har Maeraa Saahu ||3||	As Gurmukh, I earn the wealth, with the Lord as my Banker. ||3||	ਗੁਰੂ ਦੀ ਸਰਨ ਪੈ ਕੇ ਮੈਂ ਨਾਮ-ਧਨ ਕਮਾ ਰਿਹਾ ਹਾਂ, ਪਰਮਾਤਮਾ ਹੀ ਮੇਰਾ ਸ਼ਾਹ ਹੈ (ਜੋ ਮੈਨੂੰ ਨਾਮ-ਧਨ ਦਾ ਸਰਮਾਇਆ ਦੇਂਦਾ ਹੈ) ॥੩॥
17225	375	ਗੁਰ ਕਿਰਪਾ ਤੇ ਇਹ ਮਤਿ ਆਵੈ॥		Gur Kirapaa Thae Eih Math Aavai ||	By Guru's Grace, this wisdom has come.	(ਜਿਸ ਮਨੁੱਖ ਨੂੰ) ਗੁਰੂ ਦੀ ਕਿਰਪਾ ਨਾਲ ਇਸ ਵਪਾਰ ਦੀ ਸਮਝ ਆ ਜਾਂਦੀ ਹੈ,
17226	375	ਜਨ ਨਾਨਕੁ ਹਰਿ ਕੈ ਅੰਕਿ ਸਮਾਵੈ॥੪॥੧੬॥	(ਅੰਕਿ) ਸਰੂਪ ਚ	Jan Naanak Har Kai Ank Samaavai ||4||16||	Servant Nanak has merged into the Being of the Lord. ||4||16||	ਦਾਸ ਨਾਨਕ (ਆਖਦਾ ਹੈ ਕਿ) ਉਹ ਸਦਾ ਪਰਮਾਤਮਾ ਦੀ ਗੋਦ ਵਿਚ ਲੀਨ ਰਹਿੰਦਾ ਹੈ ॥੪॥੧੬॥
17227	375	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

17228	375	ਪ੍ਰਭੁ ਹੋਇ ਕ੍ਰਿਪਾਲੁ ਤ ਇਹੁ ਮਨੁ ਲਾਈ॥		Prabh Hoe Kirapaal Th Eihu Man Laaee ||	When God shows His Mercy, then this mind is focused on Him.	(ਹੇ ਭਾਈ!) ਜੇ ਪਰਮਾਤਮਾ ਦਇਆਵਾਨ ਹੋਵੇ ਤਾਂ ਹੀ ਮੈਂ ਇਹ ਮਨ (ਗੁਰੂ ਦੇ ਚਰਨਾਂ ਵਿਚ) ਜੋੜ ਸਕਦਾ ਹਾਂ,
17229	375	ਸਤਿਗੁਰੁ ਸੇਵਿ ਸਭੈ ਫਲ ਪਾਈ॥੧॥		Sathigur Saev Sabhai Fal Paaee ||1||	Serving the True Guru, all rewards are obtained. ||1||	ਤਦੋਂ ਹੀ ਗੁਰੂ ਦੀ (ਦੱਸੀ) ਸੇਵਾ ਕਰ ਕੇ ਮਨ-ਇੱਜ਼ਤ ਫਲ ਪ੍ਰਾਪਤ ਕਰ ਸਕਦਾ ਹਾਂ ॥੧॥
17230	375	ਮਨ ਕਿਉ ਬੈਰਾਗੁ ਕਰਹਿਗਾ ਸਤਿਗੁਰੁ ਮੇਰਾ ਪੂਰਾ॥		Man Kio Bairaag Karehigaa Sathigur Maeraa Pooraa ||	O my mind, why are you so sad? My True Guru is Perfect.	ਹੇ ਮੇਰੇ ਮਨ! ਤੂੰ ਕਿਉਂ ਘਾਬਰਦਾ ਹੈਂ? (ਯਕੀਨ ਰੱਖ, ਤੇਰੇ ਸਿਰ ਉਤੇ ਉਹ) ਪਿਆਰਾ ਸਤਿਗੁਰੂ (ਰਾਖਾ) ਹੈ,
17231	375	ਮਨਸਾ ਕਾ ਦਾਤਾ ਸਭ ਸੁਖ ਨਿਧਾਨੁ ਅੰਮ੍ਰਿਤ ਸਰਿ ਸਦ ਹੀ ਭਰਪੂਰਾ॥੧॥ਰਹਾਉ ॥		Manasaa Kaa Dhaathaa Sabh Sukh Nidhhaan Anmrith Sar Sadh Hee Bharapooraa ||1|| Rehaao ||	He is the Giver of blessings, the treasure of all comforts; His Ambrosial Pool of Nectar is always overflowing. ||1||Pause||	ਜੋ ਮਨ ਦੀਆਂ ਲੋੜਾਂ ਪੂਰੀਆਂ ਕਰਨ ਵਾਲਾ ਹੈ ਜੋ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ ਅਤੇ ਜਿਸ ਅੰਮ੍ਰਿਤ ਦੇ ਸਰੋਵਰ-ਗੁਰੂ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਨਕਾ-ਨਕ ਭਰਿਆ ਹੋਇਆ ਹੈ ॥੧॥ ਰਹਾਉ ॥
17232	375	ਚਰਣਕਮਲ ਰਿਦ ਅੰਤਰਿ ਧਾਰੇ॥		Charan Kamal Ridh Anthar Dhaarae ||	One who enshrines His Lotus Feet within the heart,	(ਹੇ ਭਾਈ!) ਜਿਸ ਮਨੁੱਖ ਨੇ ਆਪਣੇ ਹਿਰਦੇ ਵਿਚ (ਗੁਰੂ ਦੇ) ਸੋਹਣੇ ਚਰਨ ਟਿਕਾ ਲਏ,

17233	375	ਪ੍ਰਗਟੀ ਜੋਤਿ ਮਿਲੇ ਰਾਮ ਪਿਆਰੇ॥੨ ॥		Pragattee Joth Milae Raam Piaarae ||2||	Meets the Beloved Lord; the Divine Light is revealed to him. ||2||	(ਉਸ ਦੇ ਅੰਦਰ) ਪਰਮਾਤਮਾ ਦੀ ਜੋਤਿ ਜਗ ਪਈ, ਉਸ ਨੂੰ ਪਿਆਰਾ ਪ੍ਰਭੂ ਮਿਲ ਪਿਆ ॥੨॥
17234	375	ਪੰਚ ਸਖੀ ਮਿਲਿ ਮੰਗਲੁ ਗਾਇਆ॥	(ਪੰਚ ਸਖੀ) ਪੰਜ ਗਿਆਨ ਇੰਦ੍ਰੇ	Panch Sakhee Mil Mangal Gaaeiaa ||	The five companions have met together to sing the songs of joy.	ਉਸ ਦੇ ਪੰਜੇ ਗਿਆਨ-ਇੰਦ੍ਰਿਆਂ ਨੇ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗਾਉਣਾ ਸ਼ੁਰੂ ਕਰ ਦਿੱਤਾ,
17235	375	ਅਨਹਦ ਬਾਣੀ ਨਾਦੁ ਵਜਾਇਆ॥੩॥		Anehadh Baanee Naadh Vajaaeiaa ||3||	The unstruck melody, the sound current of the Naad, vibrates and resounds. ||3||	ਅਤੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦਾ ਵਾਜਾ ਇਕ-ਰਸ ਵਜਾਣਾ ਸ਼ੁਰੂ ਕਰ ਦਿੱਤਾ ॥੩॥
17236	375	ਗੁਰੁ ਨਾਨਕੁ ਤੁਠਾ ਮਿਲਿਆ ਹਰਿ ਰਾਇ॥		Gur Naanak Thuthaa Miliaa Har Raae ||	O Nanak, when the Guru is totally pleased, one meets the Lord, the King.	ਹੇ ਨਾਨਕ! ਜਿਸ ਮਨੁੱਖ ਉਤੇ ਗੁਰੂ ਪ੍ਰਸੰਨ ਹੋ ਪਿਆ ਉਸ ਨੂੰ ਪ੍ਰਭੂ-ਪਾਤਿਸ਼ਾਹ ਮਿਲ ਪਿਆ,
17237	375	ਸੁਖਿ ਰੈਣਿ ਵਿਹਾਣੀ ਸਹਜਿ ਸੁਭਾਇ॥੪॥੧੭॥		Sukh Rain Vihaanee Sehaj Subhaae ||4||17||	Then, the night of one's life passes in peace and natural ease. ||4||17||	ਉਸ ਦੀ (ਜ਼ਿੰਦਗੀ ਦੀ) ਰਾਤ ਸੁਖ ਵਿਚ ਆਤਮਕ ਅਡੋਲਤਾ ਵਿਚ ਬੀਤਣ ਲੱਗ ਪਈ ॥੪॥੧੭॥
17238	375	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

17239	375	ਕਰਿ ਕਿਰਪਾ ਹਰਿ ਪਰਗਟੀਆਇਆ॥	ਪਰਗਟੀ-ਆਇਆ	Kar Kirapaa Har Paragattee Aaeiaa ||	Showing His Mercy, the Lord has revealed Himself to me.	(ਹੇ ਵੀਰ!) ਪਰਮਾਤਮਾ ਕਿਰਪਾ ਕਰ ਕੇ ਉਸ ਮਨੁੱਖ ਦੇ ਅੰਦਰ ਆਪ ਆ ਪਰਤੱਖ ਹੁੰਦਾ ਹੈ,
17240	375	ਮਿਲਿ ਸਤਿਗੁਰ ਧਨੁ ਪੂਰਾ ਪਾਇਆ॥੧॥		Mil Sathigur Dhhan Pooraa Paaeiaa ||1||	Meeting the True Guru, I have received the perfect wealth. ||1||	ਜਿਸ ਨੇ ਸਤਿਗੁਰੂ ਨੂੰ ਮਿਲ ਕੇ ਕਦੇ ਨਾਹ ਘਟਣ ਵਾਲਾ ਨਾਮ-ਧਨ ਹਾਸਲ ਕਰ ਲਿਆ ॥੧॥
17241	375	ਐਸਾ ਹਰਿ ਧਨੁ ਸੰਚੀਐ ਭਾਈ॥		Aisaa Har Dhhan Sancheeai Bhaaee ||	Gather such a wealth of the Lord, O Siblings of Destiny.	ਹੇ ਵੀਰ! ਇਹੋ ਜਿਹਾ ਪਰਮਾਤਮਾ ਦਾ ਨਾਮ-ਧਨ ਇਕੱਠਾ ਕਰਨਾ ਚਾਹੀਦਾ ਹੈ,
17242	375	ਭਾਹਿ ਨ ਜਾਲੈ ਜਲਿ ਨਹੀ ਡੂਬੈ ਸੰਗੁ ਛੋਡਿ ਕਰਿ ਕਤਹੁ ਨ ਜਾਈ॥੧॥ਰਹਾਉ॥		Bhaahi N Jaalai Jal Nehee Ddoobai Sang Shhodd Kar Kathahu N Jaaee ||1|| Rehaao ||	It cannot be burned by fire, and water cannot drown it; it does not forsake society, or go anywhere else. ||1||Pause||	ਜਿਸ ਨੂੰ ਅੱਗ ਸਾੜ ਨਹੀਂ ਸਕਦੀ, ਜੋ ਪਾਣੀ ਵਿਚ ਡੁੱਬਦਾ ਨਹੀਂ ਅਤੇ ਜੋ ਸਾਥ ਛੱਡ ਕੇ ਕਿਸੇ ਭੀ ਹੋਰ ਥਾਂ ਨਹੀਂ ਜਾਂਦਾ ॥੧॥ ਰਹਾਉ ॥
17243	375	ਤੋਟਿ ਨ ਆਵੈ ਨਿਖੁਟਿ ਨ ਜਾਇ॥	(ਨਿਖੁਟਿ) ਮੁੱਕਦਾ	Thott N Aavai Nikhutt N Jaae ||	It does not run short, and it does not run out.	(ਹੇ ਭਾਈ! ਪਰਮਾਤਮਾ ਦਾ ਨਾਮ ਐਸਾ ਧਨ ਹੈ ਜਿਸ ਵਿਚ) ਕਦੇ ਘਾਟਾ ਨਹੀਂ ਪੈਂਦਾ ਜੋ ਕਦੇ ਨਹੀਂ ਮੁੱਕਦਾ।

17244	375	ਖਾਇ ਖਰਚਿ ਮਨੁ ਰਹਿਆ ਅਘਾਇ॥੨॥	(ਅਘਾਇ) ਰੱਜਿਆ	Khaae Kharach Man Rehiaa Aghaae ||2||	Eating and consuming it, the mind remains satisfied. ||2||	ਇਹ ਧਨ ਆਪ ਵਰਤ ਕੇ ਹੋਰਨਾਂ ਨੂੰ ਵੰਡ ਕੇ (ਮਨੁੱਖ ਦਾ) ਮਨ (ਦੁਨੀਆ ਦੇ ਧਨ ਦੀ ਲਾਲਸਾ ਵਲੋਂ) ਰੱਜਿਆ ਰਹਿੰਦਾ ਹੈ ॥੨॥
17245	375	ਸੋ ਸਚੁ ਸਾਹੁ ਜਿਸੁ ਘਰਿ ਹਰਿ ਧਨੁ ਸੰਚਾਣਾ॥	(ਸੰਚਾਣਾ) ਇਕੱਠਾ ਕੀਤਾ	So Sach Saahu Jis Ghar Har Dhhan Sanchaanaa ||	He is the true banker, who gathers the wealth of the Lord within his own home.	(ਹੇ ਭਾਈ!) ਜਿਸ ਮਨੁੱਖ ਦੇ ਹਿਰਦੇ-ਘਰ ਵਿਚ ਪਰਮਾਤਮਾ ਦਾ ਨਾਮ-ਧਨ ਜਮ੍ਹਾਂ ਹੋ ਜਾਂਦਾ ਹੈ ਉਹੀ ਮਨੁੱਖ ਸਦਾ ਲਈ ਸਾਹੂਕਾਰ ਬਣ ਜਾਂਦਾ ਹੈ।
17246	375	ਇਸੁ ਧਨ ਤੇ ਸਭੁ ਜਗੁ ਵਰਸਾਣਾ॥੩॥	(ਵਰਸਾਣਾ) ਲਾਭ ਉਠਾਉਂਦਾ	Eis Dhhan Thae Sabh Jag Varasaanaa ||3||	With this wealth, the whole world profits. ||3||	ਉਸ ਦੇ ਇਸ ਧਨ ਤੋਂ ਸਾਰਾ ਜਗਤ ਲਾਭ ਉਠਾਂਦਾ ਹੈ ॥੩॥
17247	375	ਤਿਨਿ ਹਰਿ ਧਨੁ ਪਾਇਆ ਜਿਸੁ ਪੁਰਬ ਲਿਖੇ ਕਾ ਲਹਣਾ॥	(ਲਹਣਾ) ਪ੍ਰਾਪਤ ਕਰਨਾ	Thin Har Dhhan Paaeiaa Jis Purab Likhae Kaa Lehanaa ||	He alone receives the Lord's wealth, who is pre-ordained to receive it.	(ਪਰ, ਹੇ ਭਾਈ!) ਉਸ ਮਨੁੱਖ ਨੇ ਇਹ ਹਰਿ-ਨਾਮ-ਧਨ ਹਾਸਲ ਕੀਤਾ ਹੈ, ਜਿਸ ਦੇ ਭਾਗਾਂ ਵਿਚ ਪੂਰਬਲੇ ਕੀਤੇ ਭਲੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਇਸ ਦੀ ਪ੍ਰਾਪਤੀ ਲਿਖੀ ਹੁੰਦੀ ਹੈ।
17248	375	ਜਨ ਨਾਨਕ ਅੰਤਿ ਵਾਰ ਨਾਮੁ ਗਹਣਾ॥੪॥੧੮॥	ਗਹਣਾ	Jan Naanak Anth Vaar Naam Gehanaa ||4||18||	O servant Nanak, at that very last moment, the Naam shall be your only decoration. ||4||18||	ਹੇ ਦਾਸ ਨਾਨਕ! (ਆਖ-) ਪਰਮਾਤਮਾ ਦਾ ਨਾਮ-ਧਨ (ਮਨੁੱਖ ਦੀ ਜਿੰਦ ਵਾਸਤੇ) ਅਖ਼ੀਰਲੇ ਵੇਲੇ ਦਾ ਗਹਣਾ ਹੈ ॥੪॥੧੮॥

17249	375	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17250	375	ਜੈਸੇ ਕਿਰਸਾਣੁ ਬੋਵੈ ਕਿਰਸਾਨੀ॥	(ਬੋਵੈ) ਬੀਜਦਾ	Jaisae Kirasaan Bovai Kirasaanee ||	Just like the farmer, He plants His crop,	ਹੇ ਪ੍ਰਾਣੀ! (ਜਿਵੇਂ) ਕੋਈ ਕਿਸਾਨ ਖੇਤੀ ਬੀਜਦਾ ਹੈ,
17251	375	ਕਾਚੀ ਪਾਕੀ ਬਾਢਿ ਪਰਾਨੀ॥੧॥	(ਬਾਢਿ) ਵੱਢ ਲੈਂਦਾ	Kaachee Paakee Baadt Paraanee ||1||	And, whether it is ripe or unripe, He cuts it down. ||1||	(ਤੇ ਜਦੋਂ ਜੀ ਚਾਹੇ) ਉਸ ਨੂੰ ਵੱਢ ਲੈਂਦਾ ਹੈ (ਚਾਹੇ ਉਹ) ਕੱਚੀ (ਹੋਵੇ ਚਾਹੇ) ਪੱਕੀ (ਇਸੇ ਤਰ੍ਹਾਂ ਮਨੁੱਖ ਉਤੇ ਮੌਤ ਕਿਸੇ ਭੀ ਉਮਰੇ ਆ ਸਕਦੀ ਹੈ) ॥੧॥
17252	375	ਜੋ ਜਨਮੈ ਸੋ ਜਾਨਹੁ ਮੂਆ॥		Jo Janamai So Jaanahu Mooaa ||	Just so, you must know this well, that whoever is born, shall die.	(ਹੇ ਭਾਈ!) ਯਕੀਨ ਜਾਣੋ ਕਿ ਜਿਹੜਾ ਜੀਵ ਪੈਦਾ ਹੁੰਦਾ ਹੈ ਉਹ ਮਰਦਾ ਭੀ (ਜ਼ਰੂਰ) ਹੈ।
17253	375	ਗੋਵਿੰਦ ਭਗਤੁ ਅਸਥਿਰੁ ਹੈ ਥੀਆ॥੧॥ਰਹਾਉ॥		Govindh Bhagath Asathhir Hai Thheeaa ||1|| Rehaao ||	Only the devotee of the Lord of the Universe becomes stable and permanent. ||1||Pause||	ਪਰਮਾਤਮਾ ਦਾ ਭਗਤ (ਇਸ ਅਟੱਲ ਨਿਯਮ ਨੂੰ ਜਾਣਦਾ ਹੋਇਆ ਮੌਤ ਦੇ ਸਹਮ ਵਲੋਂ) ਅਡੋਲ-ਚਿੱਤ ਹੋ ਜਾਂਦਾ ਹੈ ॥੧॥ ਰਹਾਉ ॥
17254	375	ਦਿਨ ਤੇ ਸਰਪਰ ਪਉਸੀ ਰਾਤਿ॥	(ਸਰਪਰ) ਜ਼ਰੂਰ	Dhin Thae Sarapar Pousee Raath ||	The day shall certainly be followed by the night.	(ਹੇ ਭਾਈ!) ਦਿਨ ਤੋਂ ਜ਼ਰੂਰ ਰਾਤ ਪੈ ਜਾਇਗੀ,

17255	375	ਰੈਣਿ ਗਈ ਫਿਰਿ ਹੋਇ ਪਰਭਾਤਿ॥੨॥		Rain Gee Fir Hoe Parabhaath ||2||	And when the night passes, the morning shall again dawn. ||2||	ਰਾਤ (ਭੀ) ਮੁੱਕ ਜਾਂਦੀ ਹੈ ਫਿਰ ਮੁੜ ਸਵੇਰ ਹੋ ਜਾਂਦੀ ਹੈ (ਇਸੇ ਤਰ੍ਹਾਂ ਜਗਤ ਵਿਚ ਜਨਮ ਤੇ ਮਰਨ ਦਾ ਸਿਲਸਲਾ ਤੁਰਿਆ ਰਹਿੰਦਾ ਹੈ) ॥੨॥
17256	375	ਮਾਇਆ ਮੋਹਿ ਸੋਇ ਰਹੇ ਅਭਾਗੇ॥		Maaeiaa Mohi Soe Rehae Abhaagae ||	In the love of Maya, the unfortunate ones remain in sleep.	(ਇਹ ਜਾਣਦਿਆਂ ਭੀ ਕਿ ਮੌਤ ਜ਼ਰੂਰ ਆਉਣੀ ਹੈ) ਬਦ-ਨਸੀਬ ਬੰਦੇ ਮਾਇਆ ਦੇ ਮੋਹ ਵਿਚ (ਫਸ ਕੇ ਜੀਵਨ-ਮਨੋਰਥ ਵਲੋਂ) ਗਾਫ਼ਿਲ ਹੋਏ ਰਹਿੰਦੇ ਹਨ।
17257	375	ਗੁਰ ਪ੍ਰਸਾਦਿ ਕੋ ਵਿਰਲਾ ਜਾਗੇ॥੩॥		Gur Prasaadh Ko Viralaa Jaagae ||3||	By Guru's Grace, a rare few remain awake and aware. ||3||	ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਨਾਲ (ਮੋਹ ਦੀ ਨੀਂਦ ਤੋਂ) ਜਾਗਦਾ ਹੈ ॥੩॥
17258	376	ਕਹੁ ਨਾਨਕ ਗੁਣ ਗਾਈਅਹਿ ਨੀਤ॥	ਗਾਈਅਹਿ	Kahu Naanak Gun Gaaeeahi Neeth ||	Says Nanak, sing continually the Glorious Praises of the Lord.	ਨਾਨਕ ਆਖਦਾ ਹੈ- (ਹੇ ਭਾਈ!) ਸਦਾ ਪਰਮਾਤਮਾ ਦੇ ਗੁਣ ਗਾਏ ਜਾਣੇ ਚਾਹੀਦੇ ਹਨ,
17259	376	ਮੁਖ ਊਜਲ ਹੋਇ ਨਿਰਮਲ ਚੀਤ॥੪॥੧੯॥		Mukh Oojal Hoe Niramal Cheeth ||4||19||	Your face shall be radiant, and your consciousness shall be immaculately pure. ||4||19||	(ਇਸ ਉੱਦਮ ਦੀ ਬਰਕਤਿ ਨਾਲ, ਇਕ ਤਾਂ, ਲੋਕ ਪਰਲੋਕ ਵਿਚ) ਮੁਖ ਉਜਲਾ ਹੋ ਜਾਂਦਾ ਹੈ, (ਦੂਜੇ) ਮਨ (ਭੀ) ਪਵਿਤ੍ਰ ਹੋ ਜਾਂਦਾ ਹੈ ॥੪॥੧੯॥
17260	376	ਆਸਾ ਮਹਲਾ ੫ ॥		Aasaa Mehalaa 5 ||	Aasaa, Fifth Mehl:	

17261	376	ਨਉ ਨਿਧਿ ਤੇਰੈ ਸਗਲ ਨਿਧਾਨ॥		No Nidhh Thaerai Sagal Nidhhaan ||	The nine treasures are Yours - all treasures are Yours.	(ਹੇ ਪ੍ਰਭੂ!) ਤੇਰੇ ਘਰ ਵਿਚ (ਜਗਤ ਦੀਆਂ) ਨੌ ਹੀ ਨਿਧੀਆਂ ਮੌਜੂਦ ਹਨ ਸਾਰੇ ਖ਼ਜ਼ਾਨੇ ਮੌਜੂਦ ਹਨ।
17262	376	ਇਛਾ ਪੂਰਕੁ ਰਖੈ ਨਿਦਾਨ॥੧॥	(ਨਿਦਾਨ)ਅੰਤ ਨੂੰ	Eishhaa Poorak Rakhai Nidhaan ||1||	The Fulfiller of desires saves mortals in the end. ||1||	ਤੂੰ ਐਸਾ ਇੱਛਾ-ਪੂਰਕ ਹੈਂ (ਤੂੰ ਹਰੇਕ ਜੀਵ ਦੀ ਇੱਛਾ ਪੂਰੀ ਕਰਨ ਦੀ ਅਜੇਹੀ ਤਾਕਤ ਰੱਖਦਾ ਹੈਂ) ਜੇਹੜਾ ਅੰਤ ਨੂੰ ਰਾਖੀ ਕਰਦਾ ਹੈ (ਜਦੋਂ ਮਨੁੱਖ ਹੋਰ ਸਾਰੇ ਮਿਥੇ ਹੋਏ ਆਸਰੇ ਛੱਡ ਬੈਠਦਾ ਹੈ) ॥੧॥
17263	376	ਤੂੰ ਮੇਰੋ ਪਿਆਰੋ ਤਾ ਕੈਸੀ ਭੂਖਾ॥		Thoon Maero Piaaro Thaa Kaisee Bhookhaa ||	You are my Beloved, so what hunger can I have?	(ਹੇ ਪ੍ਰਭੂ!) ਜਦੋਂ ਤੂੰ ਮੇਰੇ ਨਾਲ ਪਿਆਰ ਕਰਨ ਵਾਲਾ ਹੈਂ (ਤੇ ਮੈਨੂੰ ਸਭ ਕੁਝ ਦੇਣ ਵਾਲਾ ਹੈਂ) ਤਾਂ ਮੈਨੂੰ ਕੋਈ ਤ੍ਰਿਸ਼ਨਾ ਨਹੀਂ ਰਹਿ ਸਕਦੀ।
17264	376	ਤੂੰ ਮਨਿ ਵਸਿਆ ਲਗੈ ਨ ਦੂਖਾ॥੧॥ਰਹਾਉ॥		Thoon Man Vasiaa Lagai N Dhookhaa ||1|| Rehaao ||	When You dwell within my mind, pain does not touch me. ||1||Pause||	ਜੇ ਤੂੰ ਮੇਰੇ ਮਨ ਵਿਚ ਟਿਕਿਆ ਰਹੇਂ ਤਾਂ ਕੋਈ ਭੀ ਦੁੱਖ ਮੈਨੂੰ ਪੋਹ ਨਹੀਂ ਸਕਦਾ ॥੧॥ ਰਹਾਉ ॥
17265	376	ਜੋ ਤੂੰ ਕਰਹਿ ਸੋਈ ਪਰਵਾਣੁ॥		Jo Thoon Karehi Soee Paravaan ||	Whatever You do, is acceptable to me.	ਹੇ ਪ੍ਰਭੂ! ਜੋ ਕੁਝ ਤੂੰ ਕਰਦਾ ਹੈਂ (ਜੀਵਾਂ ਨੂੰ) ਉਹੀ (ਸਿਰ-ਮੱਥੇ ਉੱਤੇ) ਕਬੂਲ ਹੁੰਦਾ ਹੈ।
17266	376	ਸਾਚੇ ਸਾਹਿਬ ਤੇਰਾ ਸਚੁ ਫੁਰਮਾਣੁ॥੨॥		Saachae Saahib Thaeraa Sach Furamaan ||2||	O True Lord and Master, True is Your Order. ||2||	ਹੇ ਸਦਾ ਕਾਇਮ ਰਹਿਣ ਵਾਲੇ ਮਾਲਕ! ਤੇਰਾ ਹੁਕਮ ਭੀ ਅਟੱਲ ਹੈ ॥੨॥

17267	376	ਜਾ ਤੁਧੁ ਭਾਵੈ ਤਾ ਹਰਿ ਗੁਣ ਗਾਉ॥		Jaa Thudhh Bhaavai Thaa Har Gun Gaao ||	When it is pleasing to Your Will, I sing the Glorious Praises of the Lord.	ਹੇ ਪ੍ਰਭੂ! ਜਦੋਂ ਤੈਨੂੰ ਮਨਜ਼ੂਰ ਹੁੰਦਾ ਹੈ ਤਦੋਂ ਹੀ ਮੈਂ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾ ਸਕਦਾ ਹਾਂ।
17268	376	ਤੇਰੈ ਘਰਿ ਸਦਾ ਸਦਾ ਹੈ ਨਿਆਉ॥੩॥		Thaerai Ghar Sadhaa Sadhaa Hai Niaao ||3||	Within Your Home, there is justice, forever and ever. ||3||	ਤੇਰੇ ਘਰ ਵਿਚ ਸਦਾ ਹੀ ਇਨਸਾਫ਼ ਹੈ, ਸਦਾ ਹੀ ਇਨਸਾਫ਼ ਹੈ ॥੩॥
17269	376	ਸਾਚੇ ਸਾਹਿਬ ਅਲਖ ਅਭੇਵ॥		Saachae Saahib Alakh Abhaev ||	O True Lord and Master, You are unknowable and mysterious.	ਹੇ ਸਦਾ ਕਾਇਮ ਰਹਿਣ ਵਾਲੇ ਮਾਲਕ! ਹੇ ਅਲੱਖ ਤੇ ਅਭੇਵ!
17270	376	ਨਾਨਕ ਲਾਇਆ ਲਾਗਾ ਸੇਵ॥੪॥੨੦॥		Naanak Laaeiaa Laagaa Saev ||4||20||	Nanak is committed to Your service. ||4||20||	ਹੇ ਨਾਨਕ! (ਆਖ-) ਤੇਰਾ ਪ੍ਰੇਰਿਆ ਹੋਇਆ ਹੀ ਜੀਵ ਤੇਰੀ ਸੇਵਾ-ਭਗਤੀ ਵਿਚ ਲੱਗ ਸਕਦਾ ਹੈ ॥੪॥੨੦॥
17271	376	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17272	376	ਨਿਕਟਿ ਜੀਅ ਕੈ ਸਦ ਹੀ ਸੰਗਾ॥		Nikatt Jeea Kai Sadh Hee Sangaa ||	He is near at hand; He is the eternal Companion of the soul.	ਹੇ ਭਾਈ! ਪਰਮਾਤਮਾ ਸਭ ਜੀਵਾਂ ਦੇ ਨੇੜੇ ਵੱਸਦਾ ਹੈ ਸਦਾ ਸਭਨਾਂ ਦੇ ਅੰਗ-ਸੰਗ ਰਹਿੰਦਾ ਹੈ,
17273	376	ਕੁਦਰਤਿ ਵਰਤੈ ਰੂਪ ਅਰੁ ਰੰਗਾ॥੧॥		Kudharath Varathai Roop Ar Rangaa ||1||	His Creative Power is all-pervading, in form and color. ||1||	ਉਸੇ ਦੀ ਹੀ ਕਲਾ ਸਭ ਰੂਪਾਂ ਵਿਚ ਸਭ ਰੰਗਾਂ ਵਿਚ ਕੰਮ ਕਰ ਰਹੀ ਹੈ ॥੧॥

17274	376	ਕਰੈ ਨ ਝੁਰੈ ਨਾ ਮਨੁ ਰੋਵਨਹਾਰਾ॥	(ਕਰੈ) ਖਿਝਦਾ ਨਹੀਂ ਔਗੁਣਾਂ ਚ । (ਝੁਰੈ) ਅਫਸੋਸ ਕਰਦਾ	Karhai N Jhurai Naa Man Rovanehaaraa ||	My mind does not worry; it does not grieve, or cry out.	ਹੇ ਭਾਈ! ਉਸ ਮਨੁੱਖ ਦਾ ਮਨ ਕਦੇ ਖਿੱਝਦਾ ਨਹੀਂ ਕਦੇ ਝੁਰਦਾ ਨਹੀਂ ਕਦੇ ਗਿਲੇ ਗੁਜ਼ਾਰੀਆਂ ਨਹੀਂ ਕਰਦਾ,
17275	376	ਅਵਿਨਾਸੀ ਅਵਿਗਤੁ ਅਗੋਚਰੁ ਸਦਾ ਸਲਾਮਤਿ ਖਸਮੁ ਹਮਾਰਾ॥੧॥ਰਹਾਉ॥		Avinaasee Avigath Agochar Sadhaa Salaamath Khasam Hamaaraa ||1|| Rehaao ||	Imperishable, Unshakable, Unapproachable and forever safe and sound is my Husband Lord. ||1||Pause||	ਜਿਸ ਨੂੰ ਇਹ ਨਿਸਚਾ ਹੋ ਜਾਂਦਾ ਹੈ ਕਿ ਅਬਿਨਾਸੀ ਅਦ੍ਰਿਸ਼ ਤੇ ਅਪਹੁੰਚ ਪਰਮਾਤਮਾ ਸਾਡੇ ਸਿਰ ਉਤੇ ਸਦਾ-ਕਾਇਮ ਰਹਿਣ ਵਾਲਾ ਖਸਮ ਕਾਇਮ ਹੈ ॥੧॥ ਰਹਾਉ ॥
17276	376	ਤੇਰੇ ਦਾਸਰੇ ਕਉ ਕਿਸ ਕੀ ਕਾਣਿ॥	(ਕਾਣਿ) ਮੁਥਾਜੀ	Thaerae Dhaasarae Ko Kis Kee Kaan ||	Unto whom does Your servant pay homage?	ਹੇ ਪ੍ਰਭੂ! ਤੇਰੇ ਨਿੱਕੇ ਜਿਹੇ ਸੇਵਕ ਨੂੰ ਭੀ ਕਿਸੇ ਦੀ ਮੁਥਾਜੀ ਨਹੀਂ ਰਹਿੰਦੀ।
17277	376	ਜਿਸ ਕੀ ਮੀਰਾ ਰਾਖੈ ਆਣਿ॥੨॥	(ਮੀਰਾ) ਪਾਤਿਸ਼ਾਹ। (ਆਣਿ) ਇੱਜ਼ਤ	Jis Kee Meeraa Raakhai Aan ||2||	His King preserves his honor. ||2||	(ਹੇ ਭਾਈ!) ਜਿਸ ਸੇਵਕ ਦੀ ਇੱਜ਼ਤ ਪ੍ਰਭੂ-ਪਾਤਿਸ਼ਾਹ ਆਪ ਰੱਖੇ (ਉਹ ਕਿਸੇ ਦੀ ਮੁਥਾਜੀ ਕਰੇ ਭੀ ਕਿਉਂ?) ॥੨॥
17278	376	ਜੋ ਲਉਡਾ ਪ੍ਰਭਿ ਕੀਆ ਅਜਾਤਿ॥	(ਲਉਡਾ)ਗੁਰਸੇਵਕ, ਗੁਲਾਮ। (ਅਜਾਤਿ) ਜਾਤੀ ਅਭਿਮਾਨ ਰਹਿਤ	Jo Louddaa Prabh Keeaa Ajaath ||	That slave, whom God has released from the restrictions of social status	(ਹੇ ਭਾਈ!) ਜਿਸ ਸੇਵਕ ਨੂੰ ਪਰਮਾਤਮਾ ਨੇ ਉੱਚੀ ਜਾਤਿ ਆਦਿਕ ਦੇ ਅਹੰਕਾਰ ਤੋਂ ਰਹਿਤ ਕਰ ਦਿੱਤਾ,
17279	376	ਤਿਸੁ ਲਉਡੇ ਕਉ ਕਿਸ ਕੀ ਤਾਤਿ॥੩॥	(ਤਾਤਿ) ਈਰਖਾ	This Louddae Ko Kis Kee Thaath ||3||	- who can now hold him in bondage? ||3||	(ਪਰਮਾਤਮਾ ਦੇ) ਉਸ ਸੇਵਕ ਨੂੰ ਕਿਸੇ ਦੀ ਈਰਖਾ ਦਾ ਡਰ ਨਹੀਂ ਰਹਿੰਦਾ ॥੩॥

17280	376	ਵੇਮੁਹਤਾਜਾ ਵੇਪਰਵਾਹੁ॥		Vaemuhathaajaa Vaeparavaahu ||	The Lord is absolutely independent, and totally care-free;	ਉਹ ਪਰਮਾਤਮਾ ਜੋ ਬੇ-ਪਰਵਾਹ ਹੈ ਜਿਸ ਨੂੰ ਕਿਸੇ ਦੀ ਮੁਥਾਜੀ ਨਹੀਂ
17281	376	ਨਾਨਕ ਦਾਸ ਕਹਹੁ ਗੁਰ ਵਾਹੁ॥੪॥੨੧॥		Naanak Dhaas Kehahu Gur Vaahu ||4||21||	O servant Nanak, chant His Glorious Praises. ||4||21||	ਹੇ ਦਾਸ ਨਾਨਕ! (ਆਖ-ਹੇ ਭਾਈ!) ਉਸ ਸਭ ਤੋਂ ਵੱਡੇ ਪਰਮਾਤਮਾ ਨੂੰ ਹੀ ਧੰਨ ਧੰਨ ਆਖਦੇ ਰਹੋ ਜੋ ਬੇ-ਪਰਵਾਹ ਹੈ ਜਿਸ ਨੂੰ ਕਿਸੇ ਦੀ ਮੁਥਾਜੀ ਨਹੀਂ ॥੪॥੨੧॥
17282	376	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17283	376	ਹਰਿ ਰਸੁ ਛੋਡਿ ਹੋਛੈ ਰਸਿ ਮਾਤਾ॥	(ਹੋਛੈ) ਫੋਕੇ। ਮੱਤਾ	Har Ras Shhodd Hoshhai Ras Maathaa ||	Forsaking the Lord's sublime essence, the mortal is intoxicated with false essences.	(ਹੇ ਭਾਈ! ਵਿਕਾਰਾਂ ਹੇਠ ਦਬਿਆ ਮਨੁੱਖ) ਪਰਾਮਤਮਾ ਦਾ ਨਾਮ-ਰਸ ਛੱਡ ਕੇ (ਦੁਨੀਆ ਦੇ ਪਦਾਰਥਾਂ ਦੇ) ਰਸ ਵਿਚ ਮਸਤ ਰਹਿੰਦਾ ਹੈ ਜੋ ਮੁੱਕ ਭੀ ਛੇਤੀ ਹੀ ਜਾਂਦਾ ਹੈ,
17284	376	ਘਰ ਮਹਿ ਵਸਤੁ ਬਾਹਰਿ ਉਠਿ ਜਾਤਾ॥੧॥		Ghar Mehi Vasath Baahar Outh Jaathaa ||1||	The substance is within the home of the self, but the mortal goes out to find it. ||1||	(ਸੁਖ ਦੇਣ ਵਾਲੀ) ਨਾਮ-ਵਸਤ (ਇਸ-ਦੇ) ਹਿਰਦੇ-ਘਰ ਵਿਚ ਮੌਜੂਦ ਹੈ (ਪਰ ਸੁਖ ਦੀ ਖ਼ਾਤਰ ਦੁਨੀਆ ਦੇ ਪਦਾਰਥਾਂ ਦੀ ਖ਼ਾਤਰ) ਬਾਹਰ ਉਠ ਉਠ ਦੌੜਦਾ ਹੈ ॥੧॥

17285	376	ਸੁਨੀ ਨ ਜਾਈ ਸਚੁ ਅੰਮ੍ਰਿਤ ਕਾਥਾ॥	ਕਾਥਾ:ਪੋਲਾ ਬੋਲੋ। (ਕਾਥਾ)ਕਥਾ	Sunee N Jaaee Sach Anmrith Kaathhaa ||	He cannot hear the true ambrosial discourse.	(ਹੇ ਭਾਈ! ਜੀਵ ਅਜੇਹਾ ਵਿਕਾਰਾਂ ਹੇਠ ਦਬਿਆ ਰਹਿੰਦਾ ਹੈ ਕਿ ਇਹ) ਸਦਾ-ਥਿਰ ਪਰਮਾਤਮਾ ਦਾ ਨਾਮ ਸੁਣਨਾ ਪਸੰਦ ਨਹੀਂ ਕਰਦਾ, ਆਤਮਕ ਜੀਵਨ ਦੇਣ ਵਾਲੀਆਂ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਨੀਆਂ ਪਸੰਦ ਨਹੀਂ ਕਰਦਾ,
17286	376	ਰਾਰਿ ਕਰਤ ਝੂਠੀ ਲਗਿ ਗਾਥਾ॥੧॥ਰਹਾਉ॥	(ਰਾਰਿ) ਝਗੜਾ। (ਗਾਥਾ) ਕਥਾ ਕਹਾਣੀਆਂ	Raar Karath Jhoothee Lag Gaathhaa ||1|| Rehaao ||	Attached to false scriptures, he is engaged in argument. ||1||Pause||	ਪਰ ਝੂਠੀ (ਕਿਸੇ ਕੰਮ ਨਾਹ ਆਉਣ ਵਾਲੀ) ਕਥਾ-ਕਹਾਣੀ ਵਿਚ ਲੱਗ ਕੇ (ਹੋਰਨਾਂ ਨਾਲ) ਝਗੜਾ-ਬਖੇੜਾ ਕਰਦਾ ਰਹਿੰਦਾ ਹੈ ॥੧॥ ਰਹਾਉ ॥
17287	376	ਵਜਹੁ ਸਾਹਿਬ ਕਾ ਸੇਵ ਬਿਰਾਨੀ॥	ਵਜਹੁ:ਪੋਲਾ ਬੋਲੋ। (ਵਜਹੁ) ਤਨਖ਼ਾਹ। (ਬਿਰਾਨੀ) ਬੇਗਾਨੀ	Vajahu Saahib Kaa Saev Biraanee ||	He takes his wages from his Lord and Master, but he serves another.	(ਹੇ ਭਾਈ!) ਮਨੁੱਖ ਵਿਕਾਰਾਂ ਹੇਠ ਇਉਂ ਦਬਿਆ ਰਹਿੰਦਾ ਹੈ ਕਿ ਖਾਂਦਾ ਤਾਂ ਹੈ ਮਾਲਕ-ਪ੍ਰਭੂ ਦਾ ਦਿੱਤਾ ਹੋਇਆ, ਪਰ ਸੇਵਾ ਕਰਦਾ ਹੈ ਬਿਗਾਨੀ (ਮਾਲਕ-ਪ੍ਰਭੂ ਨੂੰ ਯਾਦ ਕਰਨ ਦੇ ਥਾਂ ਸਦਾ ਮਾਇਆ ਦੀਆਂ ਸੋਚਾਂ ਸੋਚਦਾ ਹੈ),
17288	376	ਐਸੇ ਗੁਨਹ ਅਛਾਦਿਓ ਪ੍ਰਾਨੀ॥੨॥	ਗੁਨਾਹਾਂ ਨਾਲ (ਅਛਾਦਿਓ)ਢਕਿਆ	Aisae Guneh Ashhaadhiou Praanee ||2||	With such sins, the mortal is engrossed. ||2||	ਅਜਿਹੇ ਵਿਕਾਰਾਂ ਹੇਠ ਮਨੁੱਖ ਇਉਂ ਦਬਿਆ ਰਹਿੰਦਾ ਹੈ ॥੨॥
17289	376	ਤਿਸੁ ਸਿਉ ਲੂਕ ਜੋ ਸਦ ਹੀ ਸੰਗੀ॥	(ਲੂਕ) ਲੁਕਾ	This Sio Look Jo Sadh Hee Sangee ||	He tries to hide from the One who is always with him.	ਜੇਹੜਾ ਪਰਮਾਤਮਾ ਸਦਾ ਹੀ (ਜੀਵ ਦੇ ਨਾਲ) ਸਾਥੀ ਹੈ ਉਸ ਤੋਂ ਓਹਲਾ ਕਰਦਾ ਹੈ,

17290	376	ਕਾਮਿ ਨ ਆਵੈ ਸੋ ਫਿਰਿ ਫਿਰਿ ਮੰਗੀ॥੩॥		Kaam N Aavai So Fir Fir Mangee ||3||	He begs from Him, again and again. ||3||	ਜੇਹੜੀ ਚੀਜ਼ (ਆਖ਼ਿਰ ਕਿਸੇ) ਕੰਮ ਨਹੀਂ ਆਉਣੀ, ਉਹੀ ਮੁੜ ਮੁੜ ਮੰਗਦਾ ਰਹਿੰਦਾ ਹੈ ॥੩॥
17291	376	ਕਹੁ ਨਾਨਕ ਪ੍ਰਭ ਦੀਨ ਦਇਆਲਾ॥	ਦਇਆਲਾ	Kahu Naanak Prabh Dheen Dhaeiaalaa ||	Says Nanak, God is merciful to the meek.	ਨਾਨਕ ਆਖਦਾ ਹੈ- ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ!
17292	376	ਜਿਉ ਭਾਵੈ ਤਿਉ ਕਰਿ ਪ੍ਰਤਿਪਾਲਾ॥੪॥੨੨॥		Jio Bhaavai Thio Kar Prathipaalaa ||4||22||	As it pleases Him, He cherishes us. ||4||22||	ਜਿਵੇਂ ਹੋ ਸਕੇ (ਵਿਕਾਰਾਂ ਅਤੇ ਮਾਇਆ ਦੇ ਮੋਹ ਦੇ ਦਬਾਉ ਤੋਂ ਜੀਵਾਂ ਦੀ) ਰਾਖੀ ਕਰ ॥੪॥੨੨॥
17293	376	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17294	376	ਜੀਅ ਪ੍ਰਾਨ ਧਨੁ ਹਰਿ ਕੋ ਨਾਮੁ॥		Jeea Praan Dhhan Har Ko Naam ||	The Naam, the Name of the Lord, is my soul, my life, my wealth.	(ਹੇ ਭਾਈ!) ਜਿੰਦ ਵਾਸਤੇ ਪ੍ਰਾਣਾਂ ਵਾਸਤੇ ਪਰਮਾਤਮਾ ਦਾ ਨਾਮ (ਹੀ ਅਸਲ) ਧਨ ਹੈ,
17295	376	ਈਹਾ ਊਹਾਂ ਉਨ ਸੰਗਿ ਕਾਮੁ॥੧॥		Eehaa Oohaan Oun Sang Kaam ||1||	Here and hereafter, it is with me, to help me. ||1||	(ਇਹ ਧਨ) ਇਸ ਲੋਕ ਵਿਚ ਭੀ ਤੇ ਪਰਲੋਕ ਵਿਚ ਭੀ ਪ੍ਰਾਣਾਂ ਦੇ ਨਾਲ ਕੰਮ (ਦੇਂਦਾ ਹੈ) ॥੧॥
17296	376	ਬਿਨੁ ਹਰਿ ਨਾਮ ਅਵਰੁ ਸਭੁ ਥੋਰਾ॥	(ਥੋਰਾ) ਘਾਟਾ	Bin Har Naam Avar Sabh Thhoraa ||	Without the Lord's Name, everything else is useless.	ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਸਾਰਾ (ਧਨ ਪਦਾਰਥ) ਘਾਟੇਵੰਦਾ ਹੀ ਹੈ।

17297	376	ਤ੍ਰਿਪਤਿ ਅਘਾਵੈ ਹਰਿ ਦਰਸਨਿ ਮਨੁ ਮੋਰਾ॥੧॥ਰਹਾਉ॥		Thripath Aghaavai Har Dharasan Man Moraa ||1|| Rehaao ||	My mind is satisfied and satiated by the Blessed Vision of the Lord's Darshan. ||1||Pause||	(ਹੇ ਭਾਈ!) ਮੇਰਾ ਮਨ ਪਰਮਾਤਮਾ ਦੇ ਦਰਸ਼ਨ ਦੀ ਬਰਕਤਿ ਨਾਲ (ਦੁਨੀਆ ਦੇ ਧਨ ਪਦਾਰਥ ਵਲੋਂ) ਰੱਜ ਗਿਆ ਹੈ ॥੧॥ ਰਹਾਉ ॥
17298	376	ਭਗਤਿ ਭੰਡਾਰ ਗੁਰਬਾਣੀ ਲਾਲ॥		Bhagath Bhanddaar Gurabaanee Laal ||	Gurbani is the jewel, the treasure of devotion.	(ਹੇ ਭਾਈ!) ਪਰਮਾਤਮਾ ਦੀ ਭਗਤੀ ਸਤਿਗੁਰੂ ਦੀ ਬਾਣੀ (ਮਾਨੋ) ਲਾਲਾਂ ਦੇ ਖ਼ਜ਼ਾਨੇ ਹਨ।
17299	376	ਗਾਵਤ ਸੁਨਤ ਕਮਾਵਤ ਨਿਹਾਲ॥੨॥		Gaavath Sunath Kamaavath Nihaal ||2||	Singing, hearing and acting upon it, one is enraptured. ||2||	(ਗੁਰਬਾਣੀ) ਗਾਂਦਿਆਂ ਸੁਣਦਿਆਂ ਤੇ ਕਮਾਂਦਿਆਂ ਮਨ ਸਦਾ ਖਿੜਿਆ ਰਹਿੰਦਾ ਹੈ ॥੨॥
17300	376	ਚਰਣਕਮਲ ਸਿਉ ਲਾਗੋ ਮਾਨੁ॥	(ਮਾਨੁ) ਮਨ	Charan Kamal Sio Laago Maan ||	My mind is attached to the Lord's Lotus Feet.	(ਹੇ ਭਾਈ!) ਉਸ ਮਨੁੱਖ ਦਾ ਮਨ ਪਰਮਾਤਮਾ ਦੇ ਸੋਹਣੇ ਚਰਨਾਂ ਨਾਲ ਜੁੜ ਗਿਆ,
17301	376	ਸਤਿਗੁਰਿ ਤੂਠੈ ਕੀਨੋ ਦਾਨੁ॥੩॥		Sathigur Thoothai Keeno Dhaan ||3||	The True Guru, in His Pleasure, has given this gift. ||3||	ਜਿਸ ਨੂੰ ਦਇਆਵਾਨ ਹੋਏ ਸਤਿਗੁਰੂ ਨੇ ਪਰਮਾਤਮਾ ਦੇ ਨਾਮ-ਧਨ ਦੀ ਦਾਤਿ ਦੇ ਦਿੱਤੀ ॥੩॥
17302	376	ਨਾਨਕ ਕਉ ਗੁਰਿ ਦੀਖਿਆ ਦੀਨ੍॥	(ਦੀਖਿਆ) ਸਿੱਖਿਆ	Naanak Ko Gur Dheekhiaa Dheenh ||	Unto Nanak, the Guru has revealed these instructions:	ਹੇ ਨਾਨਕ! ਜਿਸ ਮਨੁੱਖ ਨੂੰ ਗੁਰੂ ਨੇ ਸਿੱਖਿਆ ਦਿੱਤੀ,
17303	376	ਪ੍ਰਭ ਅਬਿਨਾਸੀ ਘਟਿ ਘਟਿ ਚੀਨ੍॥੪॥੨੩॥	(ਚੀਨ੍) ਦੇਖ ਲਿਆ	Prabh Abinaasee Ghatt Ghatt Cheenh ||4||23||	Recognize the Imperishable Lord God in each and every heart. ||4||23||	ਉਸ ਨੇ ਅਬਿਨਾਸ਼ੀ ਪਰਮਾਤਮਾ ਨੂੰ ਹਰੇਕ ਹਿਰਦੇ ਵਿਚ (ਵੱਸਦਾ) ਵੇਖ ਲਿਆ ॥੪॥੨੩॥

17304	376	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17305	376	ਅਨਦ ਬਿਨੋਦ ਭਰੇਪੁਰਿ ਧਾਰਿਆ॥	(ਭਰੇਪੁਰਿ) ਸਰਬ ਵਿਆਪਕ	Anadh Binodh Bharaepur Dhhaariaa ||	The All-pervading Lord has established joys and celebrations.	ਜਗਤ ਦੇ ਸਾਰੇ ਕੌਤਕ-ਤਮਾਸ਼ੇ ਉਸ ਸਰਬ-ਵਿਆਪਕ ਪਰਮਾਤਮਾ ਦੇ ਹੀ ਰਚੇ ਹੋਏ ਹਨ,
17306	376	ਅਪੁਨਾ ਕਾਰਜੁ ਆਪਿ ਸਵਾਰਿਆ॥੧॥		Apunaa Kaaraj Aap Savaariaa ||1||	He Himself embellishes His own works. ||1||	ਆਪਣੇ ਰਚੇ ਹੋਏ ਸੰਸਾਰ ਨੂੰ ਉਸ ਨੇ ਆਪ ਹੀ (ਇਹਨਾਂ ਕੌਤਕ-ਤਮਾਸ਼ਿਆਂ ਨਾਲ) ਸੋਹਣਾ ਬਣਾਇਆ ਹੈ ॥੧॥
17307	376	ਪੂਰ ਸਮਗ੍ਰੀ ਪੂਰੇ ਠਾਕੁਰ ਕੀ॥	ਸਮੱਗ੍ਰੀ	Poor Samagree Poorae Thaakur Kee ||	Perfect is the Creation of the Perfect Lord Master.	ਇਹ ਸਾਰੇ ਜਗਤ-ਪਦਾਰਥ ਉਸ ਅਭੁੱਲ ਪਰਮਾਤਮਾ ਦੇ ਹੀ ਬਣਾਏ ਹੋਏ ਹਨ,
17308	376	ਭਰਿਪੁਰਿ ਧਾਰਿ ਰਹੀ ਸੋਭ ਜਾ ਕੀ॥੧॥ਰਹਾਉ॥		Bharipur Dhhaar Rehee Sobh Jaa Kee ||1|| Rehaao ||	His magnificent greatness is totally all-pervading. ||1||Pause||	ਜਿਸ ਪਰਮਾਤਮਾ ਦੀ ਸੋਭਾ-ਵਡਿਆਈ (ਸਾਰੇ ਸੰਸਾਰ ਵਿਚ) ਹਰ ਥਾਂ ਖਿੱਲਰ ਰਹੀ ਹੈ ॥੧॥ ਰਹਾਉ ॥
17309	376	ਨਾਮੁ ਨਿਧਾਨੁ ਜਾ ਕੀ ਨਿਰਮਲ ਸੋਇ॥	(ਸੋਇ) ਸੋਭਾ	Naam Nidhhaan Jaa Kee Niramal Soe ||	His Name is the treasure; His reputation is immaculate.	ਜਿਸ (ਪਰਮਾਤਮਾ) ਦੀ (ਕੀਤੀ ਹੋਈ) ਸਿਫ਼ਤਿ-ਸਾਲਾਹ (ਸਾਰੇ ਜੀਵਾਂ ਨੂੰ) ਪਵਿਤ੍ਰ ਜੀਵਨ ਵਾਲਾ ਬਣਾ ਦੇਂਦੀ ਹੈ, ਜਿਸ ਦਾ ਨਾਮ (ਸਾਰੇ ਜੀਵਾਂ ਵਾਸਤੇ) ਖ਼ਜ਼ਾਨਾ ਹੈ,

17310	376	ਆਪੇ ਕਰਤਾ ਅਵਰੁ ਨ ਕੋਇ॥੨॥		Aapae Karathaa Avar N Koe ||2||	He Himself is the Creator; there is no other. ||2||	ਉਹ ਆਪ ਹੀ ਸਭ ਦੇ ਪੈਦਾ ਕਰਨ ਵਾਲਾ ਹੈ, ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ ॥੨॥
17311	376	ਜੀਅ ਜੰਤ ਸਭਿ ਤਾ ਕੈ ਹਾਥਿ॥		Jeea Janth Sabh Thaa Kai Haathh ||	All beings and creatures are in His Hands.	(ਹੇ ਭਾਈ! ਜਗਤ ਦੇ) ਸਾਰੇ ਜੀਅ ਜੰਤ ਉਸ ਪਰਮਾਤਮਾ ਦੇ ਹੀ ਹੱਥ ਵਿਚ ਹਨ,
17312	376	ਰਵਿ ਰਹਿਆ ਪ੍ਰਭੁ ਸਭ ਕੈ ਸਾਥਿ॥੩॥		Rav Rehiaa Prabh Sabh Kai Saathh ||3||	God is pervading in all, and is always with them. ||3||	ਉਹ ਪਰਮਾਤਮਾ ਸਭ ਥਾਈਂ ਵੱਸ ਰਿਹਾ ਹੈ, ਹਰੇਕ ਜੀਵ ਦੇ ਅੰਗ-ਸੰਗ ਵੱਸਦਾ ਹੈ ॥੩॥
17313	377	ਪੂਰਾ ਗੁਰੁ ਪੂਰੀ ਬਣਤ ਬਣਾਈ॥		Pooraa Gur Pooree Banath Banaaee ||	The Perfect Guru has fashioned His perfect fashion.	ਪਰਮਾਤਮਾ ਸਭ ਤੋਂ ਵੱਡਾ ਹੈ ਉਸ ਵਿਚ ਕੋਈ ਉਕਾਈ ਨਹੀਂ ਹੈ। ਉਸ ਦੀ ਬਣਾਈ ਹੋਈ ਰਚਨਾ ਭੀ ਉਕਾਈ-ਹੀਣ ਹੈ।
17314	377	ਨਾਨਕ ਭਗਤ ਮਿਲੀ ਵਡਿਆਈ॥੪॥੨੪॥		Naanak Bhagath Milee Vaddiaaee ||4||24||	O Nanak, the Lord's devotees are blessed with glorious greatness. ||4||24||	ਹੇ ਨਾਨਕ! ਪਰਮਾਤਮਾ ਦੀ ਭਗਤੀ ਕਰਨ ਵਾਲਿਆਂ ਨੂੰ (ਲੋਕ ਪਰਲੋਕ ਵਿਚ) ਆਦਰ ਮਿਲਦਾ ਹੈ ॥੪॥੨੪॥
17315	377	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17316	377	ਗੁਰ ਕੈ ਸਬਦਿ ਬਨਾਵਹੁ ਇਹੁ ਮਨੁ॥		Gur Kai Sabadh Banaavahu Eihu Man ||	I have shaped this mind in the mold of the Guru's Word.	(ਹੇ ਭਾਈ!) ਗੁਰੂ ਦੇ ਸ਼ਬਦ ਵਿਚ ਜੁੜ ਕੇ (ਆਪਣੇ) ਇਸ ਮਨ ਨੂੰ ਨਵੇਂ ਸਿਰੇ ਘੜੋ।

17317	377	ਗੁਰ ਕਾ ਦਰਸਨੁ ਸੰਚਹੁ ਹਰਿ ਧਨੁ॥੧॥		Gur Kaa Dharasan Sanchahu Har Dhhan ||1||	Beholding the Blessed Vision of the Guru's Darshan, I have gathered the wealth of the Lord. ||1||	(ਗੁਰੂ ਦਾ ਸ਼ਬਦ ਹੀ) ਗੁਰੂ ਦਾ ਦੀਦਾਰ ਹੈ (ਇਸ ਸ਼ਬਦ ਦੀ ਬਰਕਤਿ ਨਾਲ) ਪਰਮਾਤਮਾ ਦਾ ਨਾਮ-ਧਨ ਇਕੱਠਾ ਕਰੋ ॥੧॥
17318	377	ਊਤਮ ਮਤਿ ਮੇਰੈ ਰਿਦੈ ਤੂੰ ਆਉ॥		Ootham Math Maerai Ridhai Thoon Aao ||	O sublime understanding, come, enter into my mind,	ਹੇ ਸ੍ਰੇਸ਼ਟ ਮਤਿ! (ਜੇ ਗੁਰੂ ਮੇਹਰ ਕਰੇ ਤਾਂ) ਤੂੰ ਮੇਰੇ ਅੰਦਰ ਆ ਵੱਸ,
17319	377	ਧਿਆਵਉ ਗਾਵਉ ਗੁਣ ਗੋਵਿੰਦਾ ਅਤਿ ਪ੍ਰੀਤਮ ਮੋਹਿ ਲਾਗੈ ਨਾਉ॥੧॥ਰਹਾਉ॥		Dhhiaavo Gaavo Gun Govindhaa Ath Preetham Mohi Laagai Naao ||1|| Rehaao ||	That I may meditate and sing the Glorious Praises of the Lord of the Universe, and love so dearly the Lord's Name. ||1||Pause||	ਤਾ ਕਿ ਮੈਂ ਪਰਮਾਤਮਾ ਦੇ ਗੁਣ ਗਾਵਾਂ ਪਰਮਾਤਮਾ ਦਾ ਧਿਆਨ ਧਰਾਂ ਤੇ ਪਰਮਾਤਮਾ ਦਾ ਨਾਮ ਮੈਨੂੰ ਬਹੁਤ ਪਿਆਰਾ ਲੱਗ ਪਏ ॥੧॥ ਰਹਾਉ ॥
17320	377	ਤ੍ਰਿਪਤਿ ਅਘਾਵਨੁ ਸਾਚੈ ਨਾਇ॥		Thripath Aghaavan Saachai Naae ||	I am satisfied and satiated by the True Name.	(ਹੇ ਭਾਈ!) ਗੁਰੂ ਦੇ ਚਰਨਾਂ ਦੀ ਧੂੜ ਅਠਾਹਠ ਤੀਰਥਾਂ ਦਾ ਇਸ਼ਨਾਨ ਹੈ।
17321	377	ਅਠਸਠਿ ਮਜਨੁ ਸੰਤ ਧੂਰਾਇ॥੨॥	ਅੱਠਸੱਠਿ। ਮੱਜਨੁ	Athasath Majan Santh Dhhooraae ||2||	My cleansing bath at the sixty-eight sacred shrines of pilgrimage is the dust of the Saints. ||2||	(ਗੁਰੂ ਦੀ ਰਾਹੀਂ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜਿਆਂ ਤ੍ਰਿਸ਼ਨਾ ਮੁੱਕ ਜਾਂਦੀ ਹੈ ਮਨ ਰੱਜ ਜਾਂਦਾ ਹੈ ॥੨॥
17322	377	ਸਭ ਮਹਿ ਜਾਨਉ ਕਰਤਾ ਏਕ॥		Sabh Mehi Jaano Karathaa Eaek ||	I recognize that the One Creator is contained in all.	(ਹੇ ਭਾਈ!) ਮੈਂ ਹੁਣ ਸਭਨਾਂ ਵਿਚ ਇਕ ਕਰਤਾਰ ਨੂੰ ਹੀ ਵੱਸਦਾ ਪਛਾਣਦਾ ਹਾਂ।

17323	377	ਸਾਧਸੰਗਤਿ ਮਿਲਿ ਬੁਧਿ ਬਿਬੇਕ॥੩॥		Saadhhasangath Mil Budhh Bibaek ||3||	Joining the Saadh Sangat, the Company of the Holy, my understanding is refined. ||3||	ਗੁਰੂ ਦੀ ਸੰਗਤਿ ਵਿਚ ਮਿਲ ਕੇ ਮੈਂ ਚੰਗੇ ਮੰਦੇ ਦੀ ਪਰਖ ਕਰਨ ਵਾਲੀ ਅਕਲ ਪ੍ਰਾਪਤ ਕਰ ਲਈ ਹੈ ॥੩॥
17324	377	ਦਾਸੁ ਸਗਲ ਕਾ ਛੋਡਿ ਅਭਿਮਾਨੁ॥		Dhaas Sagal Kaa Shhodd Abhimaan ||	I have become the servant of all; I have renounced my ego and pride.	(ਹੇ ਭਾਈ!) ਮੈਂ ਅਹੰਕਾਰ ਛੱਡ ਕੇ ਸਭਨਾਂ ਦਾ ਦਾਸ ਬਣ ਗਿਆ ਹਾਂ।
17325	377	ਨਾਨਕ ਕਉ ਗੁਰਿ ਦੀਨੋ ਦਾਨੁ॥੪॥੨੫॥		Naanak Ko Gur Dheeno Dhaan ||4||25||	The Guru has given this gift to Nanak. ||4||25||	(ਮੈਨੂੰ) ਨਾਨਕ ਨੂੰ ਗੁਰੂ ਨੇ (ਬਿਬੇਕ ਬੁਧਿ ਦੀ ਅਜੇਹੀ) ਦਾਤਿ ਬਖ਼ਸ਼ੀ ਹੈ ਕਿ ਮੈਂ ਅਹੰਕਾਰ ਛੱਡ ਕੇ ਸਭਨਾਂ ਦਾ ਦਾਸ ਬਣ ਗਿਆ ਹਾਂ ॥੪॥੨੫॥
17326	377	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17327	377	ਬੁਧਿ ਪ੍ਰਗਾਸ ਭਈ ਮਤਿ ਪੂਰੀ॥		Budhh Pragaas Bhee Math Pooree ||	My intellect has been enlightened, and my understanding is perfect.	(ਹੇ ਭਾਈ! ਗੁਰੂ ਦੀ ਕਿਰਪਾ ਨਾਲ ਮੇਰੀ) ਬੁੱਧੀ ਵਿਚ (ਆਤਮਕ ਜੀਵਨ ਦਾ) ਚਾਨਣ ਹੋ ਗਿਆ ਹੈ ਮੇਰੀ ਅਕਲ ਉਕਾਈ-ਹੀਣ ਹੋ ਗਈ ਹੈ,
17328	377	ਤਾ ਤੇ ਬਿਨਸੀ ਦੁਰਮਤਿ ਦੂਰੀ॥੧॥	ਦੁਰ-ਮੱਤਿ	Thaa Thae Binasee Dhuramath Dhooree ||1||	Thus my evil-mindedness, which kept me far from Him, has been removed. ||1||	ਇਸ ਦੀ ਸਹਾਇਤਾ ਨਾਲ ਮੇਰੀ ਭੈੜੀ ਮਤਿ ਦਾ ਨਾਸ ਹੋ ਗਿਆ ਹੈ, ਮੇਰੀ ਪਰਮਾਤਮਾ ਨਾਲੋਂ ਵਿੱਥ ਮਿਟ ਗਈ ਹੈ ॥੧॥

17329	377	ਐਸੀ ਗੁਰਮਤਿ ਪਾਈਅਲੇ॥	ਪਾਈਅਲੇ	Aisee Guramath Paaeealae ||	Such are the Teachings which I have received from the Guru;	ਮੈਂ ਗੁਰੂ ਪਾਸੋਂ ਅਜੇਹੀ ਮਤਿ ਪ੍ਰਾਪਤ ਕਰ ਲਈ ਹੈ,
17330	377	ਬੂਡਤ ਘੋਰ ਅੰਧ ਕੂਪ ਮਹਿ ਨਿਕਸਿਓ ਮੇਰੇ ਭਾਈ ਰੇ॥੧॥ਰਹਾਉ॥		Booddath Ghor Andhh Koop Mehi Nikasiou Maerae Bhaaee Rae ||1|| Rehaao ||	While I was drowning in the pitch black well, I was saved, O my Siblings of Destiny. ||1||Pause||	ਜਿਸ ਦੀ ਸਹਾਇਤਾ ਨਾਲ ਹੇ ਮੇਰੇ ਵੀਰ! ਮੈਂ ਮਾਇਆ ਦੇ ਘੁੱਪ ਹਨੇਰੇ ਖੂਹ ਵਿਚੋਂ ਡੁਬਦਾ ਡੁਬਦਾ ਬਚ ਨਿਕਲਿਆ ਹਾਂ ॥੧॥ ਰਹਾਉ ॥
17331	377	ਮਹਾ ਅਗਾਹ ਅਗਨਿ ਕਾ ਸਾਗਰੁ॥	(ਅਗਾਹ) ਅਥਾਹ	Mehaa Agaah Agan Kaa Saagar ||	The Guru is the boat to cross over the totally unfathomable ocean of fire;	(ਹੇ ਭਾਈ! ਇਹ ਸੰਸਾਰ ਤ੍ਰਿਸ਼ਨਾ ਦੀ) ਅੱਗ ਦਾ ਇਕ ਬੜਾ ਅਥਾਹ ਸਮੁੰਦਰ ਹੈ,
17332	377	ਗੁਰੁ ਬੋਹਿਥੁ ਤਾਰੇ ਰਤਨਾਗਰੁ॥੨॥	ਔਗੁਣਾਂ ਰੂਪੀ (ਰਤਨਾਗਰ) ਸਮੁੰਦ੍ਰ	Gur Bohithh Thaarae Rathanaagar ||2||	He is treasure of jewels. ||2||	ਰਤਨਾਂ ਦੀ ਖਾਣ ਗੁਰੂ (ਮਾਨੋ) ਜਹਾਜ਼ ਹੈ ਜੋ (ਇਸ ਸਮੁੰਦਰ ਵਿਚੋਂ) ਪਾਰ ਲੰਘਾ ਲੈਂਦਾ ਹੈ ॥੨॥
17333	377	ਦੁਤਰ ਅੰਧ ਬਿਖਮ ਇਹ ਮਾਇਆ॥	(ਦੁੱਤ-ਰ) ਤਰਨਾ ਕਠਨ	Dhuthar Andhh Bikham Eih Maaeiaa ||	This ocean of Maya is dark and treacherous.	ਇਹ ਮਾਇਆ (ਮਾਨੋ, ਇਕ ਸਮੁੰਦਰ ਹੈ ਜਿਸ ਵਿਚੋਂ) ਪਾਰ ਲੰਘਣਾ ਔਖਾ ਹੈ ਜਿਸ ਵਿਚ ਘੁੱਪ ਹਨੇਰਾ ਹੀ ਹਨੇਰਾ ਹੈ
17334	377	ਗੁਰਿ ਪੂਰੈ ਪਰਗਟੁ ਮਾਰਗੁ ਦਿਖਾਇਆ॥੩॥		Gur Poorai Paragatt Maarag Dhikhaaeiaa ||3||	The Perfect Guru has revealed the way to cross over it. ||3||	(ਹੇ ਵੀਰ! ਇਸ ਵਿਚੋਂ ਪਾਰ ਲੰਘਣ ਲਈ) ਪੂਰੇ ਗੁਰੂ ਨੇ ਮੈਨੂੰ ਸਾਫ਼ ਰਸਤਾ ਵਿਖਾ ਦਿੱਤਾ ਹੈ ॥੩॥

17335	377	ਜਾਪ ਤਾਪ ਕਛੁ ਉਕਤਿ ਨ ਮੋਰੀ॥	ਕਥਨ ਦੀ (ਉਕਤਿ)ਬੁੱਧ	Jaap Thaap Kashh Oukath N Moree ||	I do not have the ability to chant or practice intense meditation.	ਮੇਰੇ ਪਾਸ ਕੋਈ ਜਪ ਨਹੀਂ ਕੋਈ ਤਪ ਨਹੀਂ ਕੋਈ ਸਿਆਣਪ ਨਹੀਂ,
17336	377	ਗੁਰ ਨਾਨਕ ਸਰਣਾਗਤਿ ਤੋਰੀ॥੪॥੨੬॥	ਸਰ-ਣਾਗਤਿ	Gur Naanak Saranaagath Thoree ||4||26||	Guru Nanak seeks Your Sanctuary. ||4||26||	ਹੇ ਨਾਨਕ! (ਆਖ-) ਹੇ ਗੁਰੂ! ਮੈਂ ਤਾਂ ਤੇਰੀ ਹੀ ਸਰਨ ਆਇਆ ਹਾਂ (ਮੈਨੂੰ ਇਸ ਘੁੱਪ ਹਨੇਰੇ ਖੂਹ ਵਿਚੋਂ ਕੱਢ ਲੈ) ॥੪॥੨੬॥
17337	377	ਆਸਾ ਮਹਲਾ ੫ ਤਿਪਦੇ ੨॥	ਤਿਪਦੇ ਦੋ ਬੋਲੋ	Aasaa Mehalaa 5 Thipadhae 2 ||	Aasaa, Fifth Mehl, Ti-Padas:	
17338	377	ਹਰਿ ਰਸੁ ਪੀਵਤ ਸਦ ਹੀ ਰਾਤਾ॥		Har Ras Peevath Sadh Hee Raathaa ||	One who drinks in the Lord's sublime essence is forever imbued with it	(ਹੇ ਭਾਈ!) ਪਰਮਾਤਮਾ ਦਾ ਨਾਮ-ਅੰਮ੍ਰਿਤ ਪੀਣ ਵਾਲਾ ਮਨੁੱਖ (ਨਾਮ-ਰੰਗ ਵਿਚ) ਸਦਾ ਹੀ ਰੰਗਿਆ ਰਹਿੰਦਾ ਹੈ,
17339	377	ਆਨ ਰਸਾ ਖਿਨ ਮਹਿ ਲਹਿ ਜਾਤਾ॥		Aan Rasaa Khin Mehi Lehi Jaathaa ||	While other essences wear off in an instant.	(ਕਿਉਂਕਿ ਨਾਮ-ਰਸ ਦਾ ਅਸਰ ਕਦੇ ਦੂਰ ਨਹੀਂ ਹੁੰਦਾ, ਇਸ ਤੋਂ ਬਿਨਾ ਦੁਨੀਆ ਦੇ ਪਦਾਰਥਾਂ ਦੇ) ਹੋਰ ਹੋਰ ਰਸਾਂ ਦਾ ਅਸਰ ਇਕ ਖਿਨ ਵਿਚ ਉਤਰ ਜਾਂਦਾ ਹੈ।
17340	377	ਹਰਿ ਰਸ ਕੇ ਮਾਤੇ ਮਨਿ ਸਦਾ ਅਨੰਦ॥		Har Ras Kae Maathae Man Sadhaa Anandh ||	Intoxicated with the Lord's sublime essence, the mind is forever in ecstasy.	ਪਰਮਾਤਮਾ ਦੇ ਨਾਮ-ਰਸ ਦੇ ਮਤਵਾਲੇ ਮਨੁੱਖ ਦੇ ਮਨ ਵਿਚ ਸਦਾ ਆਨੰਦ ਟਿਕਿਆ ਰਹਿੰਦਾ ਹੈ,
17341	377	ਆਨ ਰਸਾ ਮਹਿ ਵਿਆਪੈ ਚਿੰਦ॥੧॥	(ਚਿੰਦ) ਚਿੰਤਾ	Aan Rasaa Mehi Viaapai Chindh ||1||	Other essences bring only anxiety. ||1||	ਪਰ ਦੁਨੀਆ ਦੇ ਪਦਾਰਥਾਂ ਦੇ ਸਵਾਦਾਂ ਵਿਚ ਪਿਆਂ ਚਿੰਤਾ ਆ ਦਬਾਂਦੀ ਹੈ ॥੧॥

17342	377	ਹਰਿ ਰਸੁ ਪੀਵੈ ਅਲਮਸਤੁ ਮਤਵਾਰਾ॥	(ਅਲ-ਮਸਤੁ) ਪੂਰਨ ਮਸਤ	Har Ras Peevai Alamasath Mathavaaraa ||	One who drinks in the Lord's sublime essence, is intoxicated and enraptured;	(ਹੇ ਭਾਈ!) ਜੇਹੜਾ ਮਨੁੱਖ ਪਰਮਾਤਮਾ ਦਾ ਨਾਮ-ਅੰਮ੍ਰਿਤ ਪੀਂਦਾ ਹੈ ਉਹ ਉਸ ਰਸ ਵਿਚ ਪੂਰਨ ਤੌਰ ਤੇ ਮਸਤ ਰਹਿੰਦਾ ਹੈ। ਉਹ ਉਸ ਨਾਮ-ਰਸ ਦਾ ਆਸ਼ਿਕ ਬਣ ਜਾਂਦਾ ਹੈ।
17343	377	ਆਨ ਰਸਾ ਸਭਿ ਹੋਛੇ ਰੇ॥੧॥ਰਹਾਉ॥	(ਹੋਛੇ) ਫਿੱਕੇ	Aan Rasaa Sabh Hoshhae Rae ||1|| Rehaao ||	All other essences have no effect. ||1||Pause||	ਉਸ ਨੂੰ ਦੁਨੀਆ ਦੇ ਹੋਰ ਸਾਰੇ ਰਸ (ਨਾਮ-ਰਸ ਦੇ ਟਾਕਰੇ ਤੇ) ਫਿੱਕੇ ਜਾਪਦੇ ਹਨ ॥੧॥ ਰਹਾਉ ॥
17344	377	ਹਰਿ ਰਸ ਕੀ ਕੀਮਤਿ ਕਹੀ ਨ ਜਾਇ॥		Har Ras Kee Keemath Kehee N Jaae ||	The value of the Lord's sublime essence cannot be described.	(ਹੇ ਭਾਈ! ਹਰਿ-ਨਾਮ-ਰਸ ਦੁਨੀਆ ਦੇ ਧਨ-ਪਦਾਰਥ ਦੇ ਵੱਟੇ ਵਿਚ ਨਹੀਂ ਮਿਲ ਸਕਦਾ) ਪਰਮਾਤਮਾ ਦੇ ਨਾਮ-ਰਸ ਦਾ ਮੁੱਲ (ਧਨ-ਪਦਾਰਥ ਦੀ ਸ਼ਕਲ ਵਿਚ) ਬਿਆਨ ਹੀ ਨਹੀਂ ਕੀਤਾ ਜਾ ਸਕਦਾ।
17345	377	ਹਰਿ ਰਸੁ ਸਾਧੂ ਹਾਟਿ ਸਮਾਇ॥	(ਸਾਧੂ ਹਾਟਿ) ਸਾਧਸੰਗਤ	Har Ras Saadhhoo Haatt Samaae ||	The Lord's sublime essence permeates the homes of the Holy.	ਇਹ ਨਾਮ-ਰਸ ਗੁਰੂ ਦੇ ਹੱਟ ਵਿਚ (ਗੁਰੂ ਦੀ ਸੰਗਤਿ ਵਿਚ) ਸਦਾ ਟਿਕਿਆ ਰਹਿੰਦਾ ਹੈ।
17346	377	ਲਾਖ ਕਰੋਰੀ ਮਿਲੈ ਨ ਕੇਹ॥		Laakh Karoree Milai N Kaeh ||	One may spend thousands and millions, but it cannot be purchased.	ਲੱਖਾਂ ਕ੍ਰੋੜਾਂ ਰੁਪਏ ਦਿੱਤਿਆਂ ਭੀ ਇਹ ਕਿਸੇ ਨੂੰ ਮਿਲ ਨਹੀਂ ਸਕਦਾ।

17347	377	ਜਿਸਹਿ ਪਰਾਪਤਿ ਤਿਸ ਹੀ ਦੇਹਿ॥੨॥		Jisehi Paraapath This Hee Dhaehi ||2||	He alone obtains it, who is so pre-ordained. ||2||	ਹੇ ਪ੍ਰਭੂ! ਜਿਸ ਮਨੁੱਖ ਦੇ ਭਾਗਾਂ ਵਿਚ ਤੂੰ ਇਸ ਦੀ ਪ੍ਰਾਪਤੀ ਲਿਖੀ ਹੈ ਉਸੇ ਨੂੰ ਹੀ ਤੂੰ ਆਪ ਹੀ ਦੇਂਦਾ ਹੈਂ ॥੨॥
17348	377	ਨਾਨਕ ਚਾਖਿ ਭਏ ਬਿਸਮਾਦੁ॥		Naanak Chaakh Bheae Bisamaadh ||	Tasting it, Nanak is wonder-struck.	ਹੇ ਨਾਨਕ! (ਇਹ ਨਾਮ-ਰਸ) ਚੱਖ ਕੇ (ਕੋਈ ਇਸ ਦਾ ਸਵਾਦ ਬਿਆਨ ਨਹੀਂ ਕਰ ਸਕਦਾ। ਜੇ ਕੋਈ ਜਤਨ ਕਰੇ ਤਾਂ) ਹੈਰਾਨ ਪਿਆ ਹੁੰਦਾ ਹੈ (ਕਿਉਂਕਿ ਉਹ ਆਪਣੇ ਆਪ ਨੂੰ ਇਸ ਰਸ ਦਾ ਅਸਰ ਬਿਆਨ ਕਰਨ ਤੋਂ ਅਸਮਰਥ ਵੇਖਦਾ ਹੈ)।
17349	377	ਨਾਨਕ ਗੁਰ ਤੇ ਆਇਆ ਸਾਦੁ॥		Naanak Gur Thae Aaeiaa Saadh ||	Through the Guru, Nanak has obtained this taste.	ਇਸ ਹਰਿ-ਨਾਮ-ਰਸ ਦਾ ਅਨੰਦ ਗੁਰੂ ਪਾਸੋਂ ਹੀ ਪ੍ਰਾਪਤ ਹੁੰਦਾ ਹੈ।
17350	377	ਈਤ ਊਤ ਕਤ ਛੋਡਿ ਨ ਜਾਇ॥		Eeth Ooth Kath Shhodd N Jaae ||	Here and hereafter, it does not leave him.	(ਜਿਸ ਨੂੰ ਇਕ ਵਾਰੀ ਇਸ ਦੀ ਪ੍ਰਾਪਤੀ ਹੋ ਗਈ ਉਹ) ਇਸ ਲੋਕ ਤੇ ਪਰਲੋਕ ਵਿਚ (ਕਿਸੇ ਭੀ ਹੋਰ ਪਦਾਰਥ ਦੀ ਖ਼ਾਤਰ) ਇਸ ਨਾਮ-ਰਸ ਨੂੰ ਛੱਡ ਕੇ ਨਹੀਂ ਜਾਂਦਾ,
17351	377	ਨਾਨਕ ਗੀਧਾ ਹਰਿ ਰਸ ਮਾਹਿ॥੩॥੨੭॥	(ਗੀਧਾ) ਗਿੱਝ ਗਿਆ	Naanak Geedhhaa Har Ras Maahi ||3||27||	Nanak is imbued and enraptured with the Lord's subtle essence. ||3||27||	ਉਹ ਸਦਾ ਹਰਿ-ਨਾਮ-ਰਸ ਵਿਚ ਹੀ ਮਸਤ ਰਹਿੰਦਾ ਹੈ ॥੩॥੨੭॥
17352	377	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

17353	377	ਕਾਮੁ ਕ੍ਰੋਧੁ ਲੋਭੁ ਮੋਹੁ ਮਿਟਾਵੈ ਛੁਟਕੈ ਦੁਰਮਤਿ ਅਪੁਨੀ ਧਾਰੀ॥	ਦੁਰ-ਮੱਤਿ	Kaam Krodhh Lobh Mohu Mittaavai Shhuttakai Dhuramath Apunee Dhhaaree ||	If she renounces and eliminates her sexual desire, anger, greed and attachment, and her evil-mindedness and self-conceit as well;	ਹੇ ਸੁੰਦਰੀ! (ਗੁਰੂ ਦਾ ਉਪਦੇਸ਼ ਤੇਰੇ ਅੰਦਰੋਂ) ਕਾਮ ਕ੍ਰੋਧ ਲੋਭ ਮੋਹ ਨੂੰ ਮਿਟਾ ਦੇਵੇਗਾ, ਤੇਰੀ ਆਪਣੀ ਹੀ ਪੈਦਾ ਕੀਤੀ ਹੋਈ ਭੈੜੀ ਮਤਿ (ਤੇਰੇ ਅੰਦਰੋਂ) ਮੁੱਕ ਜਾਇਗੀ।
17354	377	ਹੋਇ ਨਿਮਾਣੀ ਸੇਵ ਕਮਾਵਹਿ ਤਾ ਪ੍ਰੀਤਮ ਹੋਵਹਿ ਮਨਿ ਪਿਆਰੀ॥੧॥		Hoe Nimaanee Saev Kamaavehi Thaa Preetham Hovehi Man Piaaree ||1||	And if, becoming humble, she serves Him, then she becomes dear to her Beloved's Heart. ||1||	ਜੇ ਤੂੰ ਮਾਣ ਤਿਆਗ ਕੇ ਪ੍ਰਭੂ ਦੀ ਸੇਵਾ-ਭਗਤੀ ਕਰੇਂਗੀ, ਤਾਂ ਪ੍ਰੀਤਮ-ਪ੍ਰਭੂ ਦੇ ਮਨ ਵਿਚ ਪਿਆਰੀ ਲੱਗੇਂਗੀ ॥੧॥
17355	377	ਸੁਣਿ ਸੁੰਦਰਿ ਸਾਧੂ ਬਚਨ ਉਧਾਰੀ॥		Sun Sundhar Saadhhoo Bachan Oudhhaaree ||	Listen, O beautiful soul-bride: By the Word of the Holy Saint, you shall be saved.	ਹੇ ਸੁੰਦਰੀ! ਹੇ ਆਪਣੇ ਮਨ ਵਿਚ ਆਤਮਕ ਆਨੰਦ ਟਿਕਾਈ ਰੱਖਣ ਦੀ ਚਾਹਵਾਨ ਜੀਵ-ਇਸਤ੍ਰੀ! ਗੁਰੂ ਦੇ ਬਚਨ ਸੁਣ ਕੇ (ਆਪਣੇ ਆਪ ਨੂੰ ਸੰਸਾਰ-ਸਮੁੰਦਰ ਵਿਚ ਡੁੱਬਣ ਤੋਂ) ਬਚਾ।
17356	377	ਦੂਖ ਭੂਖ ਮਿਟੈ ਤੇਰੋ ਸਹਸਾ ਸੁਖ ਪਾਵਹਿ ਤੂੰ ਸੁਖ ਮਨਿ ਨਾਰੀ॥੧॥ਰਹਾਉ॥	ਗੁਰਸੇਵਕ ਰੂਪੀ ਨਾਰੀ। (ਦੂਜਾ ਪਾਠ: ਸੁਖਮਨਿ)	Dhookh Bhookh Mittai Thaero Sehasaa Sukh Paavehi Thoon Sukhaman Naaree ||1|| Rehaao ||	Your pain, hunger and doubt shall vanish, and you shall obtain peace, O happy soul-bride. ||1||Pause||	(ਗੁਰੂ ਦੀ ਬਾਣੀ ਦੀ ਬਰਕਤਿ ਨਾਲ) ਤੇਰਾ ਦੁੱਖ ਮਿਟ ਜਾਇਗਾ ਤੇਰੀ ਮਾਇਆ ਦੀ ਭੁੱਖ ਮਿਟ ਜਾਇਗੀ ਤੂੰ ਆਤਮਕ ਅਨੰਦ ਮਾਣੇਂਗੀ ॥੧॥ ਰਹਾਉ ॥

17357	377	ਚਰਣ ਪਖਾਰਿ ਕਰਉ ਗੁਰ ਸੇਵਾ ਆਤਮ ਸੁਧੁ ਬਿਖੁ ਤਿਆਸ ਨਿਵਾਰੀ॥	(ਪਖਾਰਿ) ਧੋ ਕੇ	Charan Pakhaar Karo Gur Saevaa Aatham Sudhh Bikh Thiaas Nivaaree ||	Washing the Guru's feet, and serving Him, the soul is sanctified, and the thirst for sin is quenched.	ਹੇ ਸੁੰਦਰੀ! ਗੁਰੂ ਦੇ ਚਰਨ ਧੋ ਕੇ ਗੁਰੂ ਦੀ (ਦੱਸੀ) ਸੇਵਾ ਕਰਿਆ ਕਰ, ਤੇਰਾ ਆਤਮਾ ਪਵਿਤ੍ਰ ਹੋ ਜਾਇਗਾ (ਇਹ ਸੇਵਾ ਤੇਰੇ ਅੰਦਰੋਂ ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲੇ ਮਾਇਆ-ਮੋਹ ਦੇ) ਜ਼ਹਰ ਨੂੰ ਦੂਰ ਕਰ ਦੇਵੇਗੀ, ਮਾਇਆ ਦੀ ਤ੍ਰਿਸ਼ਨਾ ਨੂੰ ਮਿਟਾ ਦੇਵੇਗੀ।
17358	377	ਦਾਸਨ ਕੀ ਹੋਇ ਦਾਸਿ ਦਾਸਰੀ ਤਾ ਪਾਵਹਿ ਸੋਭਾ ਹਰਿ ਦੁਆਰੀ॥੨॥		Dhaasan Kee Hoe Dhaas Dhaasaree Thaa Paavehi Sobhaa Har Dhuaaree ||2||	If you become the slave of the slave of the Lord's slaves, then you shall obtain honor in the Court of the Lord. ||2||	(ਹੇ ਸੁੰਦਰੀ!) ਜੇ ਤੂੰ ਪਰਮਾਤਮਾ ਦੇ ਸੇਵਕਾਂ ਦੀ ਦਾਸੀ ਬਣ ਜਾਏਂ ਨਿਮਾਣੀ ਜਿਹੀ ਦਾਸੀ ਬਣ ਜਾਏਂ ਤਾਂ ਤੂੰ ਪਰਮਾਤਮਾ ਦੀ ਹਜ਼ੂਰੀ ਵਿਚ ਸੋਭਾ-ਆਦਰ ਹਾਸਲ ਕਰੇਂਗੀ ॥੨॥
17359	377	ਇਹੀ ਅਚਾਰ ਇਹੀ ਬਿਉਹਾਰਾ ਆਗਿਆ ਮਾਨਿ ਭਗਤਿ ਹੋਇ ਤੁਮ੍ਹਾਰੀ॥		Eihee Achaar Eihee Biouhaaraa Aagiaa Maan Bhagath Hoe Thumhaaree ||	This is right conduct, and this is the correct lifestyle, to obey the Command of the Lord's Will; this is your devotional worship.	(ਹੇ ਸੁੰਦਰੀ!) ਇਹੀ ਕੁਝ ਤੇਰੇ ਵਾਸਤੇ ਧਾਰਮਿਕ ਰਸਮਾਂ ਦਾ ਕਰਨਾ ਹੈ ਇਹੀ ਤੇਰਾ ਨਿੱਤ ਦਾ ਵਿਹਾਰ ਚਾਹੀਦਾ ਹੈ, ਪਰਮਾਤਮਾ ਦੀ ਰਜ਼ਾ ਨੂੰ ਸਿਰ-ਮੱਥੇ ਤੇ ਮੰਨ (ਇਸ ਤਰ੍ਹਾਂ ਕੀਤੀ ਹੋਈ) ਤੇਰੀ ਪ੍ਰਭੂ-ਭਗਤੀ (ਪ੍ਰਭੂ-ਦਰ ਤੇ ਪਰਵਾਨ) ਹੋ ਜਾਇਗੀ।

17360	377	ਜੋ ਇਹੁ ਮੰਤ੍ਰੁ ਕਮਾਵੈ ਨਾਨਕ ਸੋ ਭਉਜਲੁ ਪਾਰਿ ਉਤਾਰੀ॥੩॥੨੮॥		Jo Eihu Manthra Kamaavai Naanak So Bhoujal Paar Outhaaree ||3||28||	One who practices this Mantra, O Nanak, swims across the terrifying world-ocean. ||3||28||	ਹੇ ਨਾਨਕ! ਜੇਹੜਾ ਭੀ ਮਨੁੱਖ ਇਸ ਉਪਦੇਸ਼ ਨੂੰ ਕਮਾਂਦਾ ਹੈ (ਆਪਣੇ ਜੀਵਨ ਵਿਚ ਵਰਤਦਾ ਹੈ) ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੩॥੨੮॥
17361	378	ਆਸਾ ਮਹਲਾ ੫ ਦੁਪਦੇ॥		Aasaa Mehalaa 5 Dhupadhae ||	Aasaa, Fifth Mehl, Du-Padas:	
17362	378	ਭਈ ਪਰਾਪਤਿ ਮਾਨੁਖ ਦੇਹੁਰੀਆ॥		Bhee Paraapath Maanukh Dhaehureeaa ||	You have been blessed with this human body.	ਹੇ ਭਾਈ! ਤੈਨੂੰ ਮਨੁੱਖਾ ਜਨਮ ਦੇ ਸੋਹਣੇ ਸਰੀਰ ਦੀ ਪ੍ਰਾਪਤੀ ਹੋਈ ਹੈ,
17363	378	ਗੋਬਿੰਦ ਮਿਲਣ ਕੀ ਇਹ ਤੇਰੀ ਬਰੀਆ॥		Gobindh Milan Kee Eih Thaeree Bareeaa ||	This is your chance to meet the Lord of the Universe.	ਇਹੀ ਹੈ ਸਮਾ ਪਰਮਾਤਮਾ ਨੂੰ ਮਿਲਣ ਦਾ।
17364	378	ਅਵਰਿ ਕਾਜ ਤੇਰੈ ਕਿਤੈ ਨ ਕਾਮ॥		Avar Kaaj Thaerai Kithai N Kaam ||	Other efforts are of no use to you.	ਤੇਰੇ ਹੋਰ ਹੋਰ ਕੰਮ (ਪਰਮਾਤਮਾ ਨੂੰ ਮਿਲਣ ਦੇ ਰਸਤੇ ਵਿਚ) ਤੇਰੇ ਕਿਸੇ ਕੰਮ ਨਹੀਂ ਆਉਣਗੇ।
17365	378	ਮਿਲੁ ਸਾਧਸੰਗਤਿ ਭਜੁ ਕੇਵਲ ਨਾਮ॥੧॥		Mil Saadhhasangath Bhaj Kaeval Naam ||1||	Joining the Saadh Sangat, the Company of the Holy, vibrate and meditate on the Naam, the Name of the Lord. ||1||	(ਇਸ ਵਾਸਤੇ) ਸਾਧ ਸੰਗਤਿ ਵਿਚ (ਭੀ) ਬੈਠਿਆ ਕਰ (ਤੇ ਉਥੇ) ਸਿਰਫ਼ ਪਰਮਾਤਮਾ ਦੇ ਨਾਮ ਦਾ ਭਜਨ ਕਰਿਆ ਕਰ ॥੧॥

17366	378	ਸਰੰਜਾਮਿ ਲਾਗੁ ਭਵਜਲ ਤਰਨ ਕੈ॥	(ਸਰੰਜਾਮਿ) ਉਪਾਉ	Saranjaam Laag Bhavajal Tharan Kai ||	Make the effort, and cross over the terrifying world ocean.	(ਹੇ ਭਾਈ!) ਸੰਸਾਰ-ਸਮੁੰਦਰ ਵਿਚੋਂ (ਸਹੀ-ਸਲਾਮਤਿ ਆਤਮਕ ਜੀਵਨ ਲੈ ਕੇ) ਪਾਰ ਲੰਘਣ ਦੇ ਆਹਰ ਵਿਚ (ਭੀ) ਲੱਗ।
17367	378	ਜਨਮੁ ਬ੍ਰਿਥਾ ਜਾਤ ਰੰਗਿ ਮਾਇਆ ਕੈ॥੧॥ਰਹਾਉ॥		Janam Brithhaa Jaath Rang Maaeiaa Kai ||1|| Rehaao ||	This human life is passing away in vain, in the love of Maya. ||1||Pause||	ਮਾਇਆ ਦੇ ਮੋਹ ਵਿਚ (ਫਸ ਕੇ) ਤੇਰਾ ਮਨੁੱਖਾ ਜਨਮ ਵਿਅਰਥ ਜਾ ਰਿਹਾ ਹੈ ॥੧॥ ਰਹਾਉ ॥
17368	378	ਜਪੁ ਤਪੁ ਸੰਜਮੁ ਧਰਮੁ ਨ ਕਮਾਇਆ॥		Jap Thap Sanjam Dhharam N Kamaaeiaa ||	I have not practiced meditation, penance, self-restraint or righteous living;	ਹੇ ਪ੍ਰਭੂ ਪਾਤਸ਼ਾਹ! ਮੈਂ ਕੋਈ ਜਪ ਨਹੀਂ ਕੀਤਾ, ਮੈਂ ਕੋਈ ਤਪ ਨਹੀਂ ਕੀਤਾ, ਮੈਂ ਕੋਈ ਸੰਜਮ ਨਹੀਂ ਸਾਧਿਆ; ਮੈਂ ਇਹੋ ਜਿਹਾ ਕੋਈ ਹੋਰ ਧਰਮ ਭੀ ਨਹੀਂ ਕੀਤਾ (ਮੈਨੂੰ ਕਿਸੇ ਜਪ ਤਪ ਸੰਜਮ ਆਦਿਕ ਦਾ ਸਹਾਰਾ-ਮਾਣ ਨਹੀਂ ਹੈ)।
17369	378	ਸੇਵਾ ਸਾਧ ਨ ਜਾਨਿਆ ਹਰਿ ਰਾਇਆ॥		Saevaa Saadhh N Jaaniaa Har Raaeiaa ||	I have not served the Holy Saints, and I do not know the Lord, my King.	ਹੇ ਪ੍ਰਭੂ-ਪਾਤਸ਼ਾਹ! ਮੈਂ ਤਾਂ ਤੇਰੇ ਸੰਤ ਜਨਾਂ ਦੀ ਸੇਵਾ ਕਰਨ ਦੀ ਜਾਚ ਭੀ ਨਾਹ ਸਿੱਖੀ।
17370	378	ਕਹੁ ਨਾਨਕ ਹਮ ਨੀਚ ਕਰੰਮਾ॥		Kahu Naanak Ham Neech Karanmaa ||	Says Nanak, my actions are vile and despicable;	ਨਾਨਕ ਆਖਦਾ ਹੈ- ਮੈਂ ਬੜਾ ਮੰਦ-ਕਰਮੀ ਹਾਂ,
17371	378	ਸਰਣਿ ਪਰੇ ਕੀ ਰਾਖਹੁ ਸਰਮਾ॥੨॥੨੯॥		Saran Parae Kee Raakhahu Saramaa ||2||29||	O Lord, I seek Your Sanctuary - please, preserve my honor. ||2||29||	(ਪਰ ਮੈਂ ਤੇਰੀ ਸਰਨ ਆ ਪਿਆ ਹਾਂ) ਸਰਨ ਪਏ ਦੀ ਮੇਰੀ ਲਾਜ ਰੱਖੀਂ ॥੨॥੨੯॥

17372	378	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17373	378	ਤੁਝ ਬਿਨੁ ਅਵਰੁ ਨਾਹੀ ਮੈ ਦੂਜਾ ਤੂੰ ਮੇਰੇ ਮਨ ਮਾਹੀ॥	(ਮਾਹੀ) ਵਿੱਚ	Thujh Bin Avar Naahee Mai Dhoojaa Thoon Maerae Man Maahee ||	Without You, there is no other for me; You alone are in my mind.	ਹੇ ਮੇਰੀ ਜਿੰਦੇ! ਤੂੰ ਕਿਉਂ ਡਰਦੀ ਹੈਂ? (ਹਰ ਵੇਲੇ ਇਉਂ ਅਰਦਾਸ ਕਰਿਆ ਕਰ-) ਹੇ ਪ੍ਰਭੂ! ਤੈਥੋਂ ਬਿਨਾ ਮੇਰਾ ਕੋਈ ਹੋਰ ਸਹਾਰਾ ਨਹੀਂ, ਤੂੰ ਸਦਾ ਮੇਰੇ ਮਨ ਵਿਚ ਵੱਸਦਾ ਰਹੁ।
17374	378	ਤੂੰ ਸਾਜਨੁ ਸੰਗੀ ਪ੍ਰਭੁ ਮੇਰਾ ਕਾਹੇ ਜੀਅ ਡਰਾਹੀ॥੧॥		Thoon Saajan Sangee Prabh Maeraa Kaahae Jeea Ddaraahee ||1||	You are my Friend and Companion, God; why should my soul be afraid? ||1||	ਤੂੰ ਹੀ ਮੇਰਾ ਸੱਜਣ ਹੈਂ, ਤੂੰ ਹੀ ਮੇਰਾ ਸਾਥੀ ਹੈਂ ਤੂੰ ਹੀ ਮੇਰਾ ਮਾਲਕ ਹੈਂ ॥੧॥
17375	378	ਤੁਮਰੀ ਓਟ ਤੁਮਾਰੀ ਆਸਾ॥		Thumaree Outt Thumaaree Aasaa ||	You are my support, You are my hope.	ਹੇ ਗੋਪਾਲ! ਮੈਨੂੰ ਤੇਰਾ ਹੀ ਸਹਾਰਾ ਹੈ, ਮੈਨੂੰ ਤੇਰੀ ਸਹਾਇਤਾ ਦੀ ਆਸ ਰਹਿੰਦੀ ਹੈ।
17376	378	ਬੈਠਤ ਊਠਤ ਸੋਵਤ ਜਾਗਤ ਵਿਸਰੁ ਨਾਹੀ ਤੂੰ ਸਾਸ ਗਿਰਾਸਾ॥੧॥ਰਹਾਉ ॥		Baithath Oothath Sovath Jaagath Visar Naahee Thoon Saas Giraasaa ||1|| Rehaao ||	While sitting down or standing up, while sleeping or waking, with every breath and morsel of food, I never forget You. ||1||Pause||	(ਹੇ ਪ੍ਰਭੂ! ਮੇਹਰ ਕਰ) ਬੈਠਦਿਆਂ, ਉਠਦਿਆਂ, ਸੁੱਤਿਆਂ, ਜਾਗਦਿਆਂ, ਹਰੇਕ ਸਾਹ ਨਾਲ, ਹਰੇਕ ਗਿਰਾਹੀ ਦੇ ਨਾਲ ਮੈਨੂੰ ਤੂੰ ਕਦੇ ਭੀ ਨਾਹ ਭੁੱਲ ॥੧॥ ਰਹਾਉ ॥

17377	378	ਰਾਖੁ ਰਾਖੁ ਸਰਣਿ ਪ੍ਰਭ ਅਪਨੀ ਅਗਨਿ ਸਾਗਰ ਵਿਕਰਾਲਾ॥	(ਵਿਕਰਾਲਾ) ਡਰਾਉਣਾ	Raakh Raakh Saran Prabh Apanee Agan Saagar Vikaraalaa ||	Protect me, please protect me, O God; I have come to Your Sanctuary; the ocean of fire is so horrible.	ਹੇ ਪ੍ਰਭੂ! ਇਹ ਅੱਗ ਦਾ ਸਮੁੰਦਰ (ਸੰਸਾਰ ਬੜਾ) ਡਰਾਉਣਾ ਹੈ (ਇਸ ਤੋਂ ਬਚਨ ਲਈ) ਮੈਨੂੰ ਆਪਣੀ ਸਰਨ ਵਿਚ ਸਦਾ ਟਿਕਾਈ ਰੱਖ।
17378	378	ਨਾਨਕ ਕੇ ਸੁਖਦਾਤੇ ਸਤਿਗੁਰ ਹਮ ਤੁਮਰੇ ਬਾਲ ਗੁਪਾਲਾ॥੨॥੩੦॥	(ਬਾਲ) ਅੰਞਾਣ ਬਾਲਿਕ। (ਗੁਪਾਲਾ)ਹੇ ਰਾਮ ਜੀ	Naanak Kae Sukhadhaathae Sathigur Ham Thumarae Baal Gupaalaa ||2||30||	The True Guru is the Giver of peace to Nanak; I am Your child, O Lord of the World. ||2||30||	ਹੇ ਗੁਪਾਲ! ਹੇ ਸਤਿਗੁਰ! ਹੇ ਨਾਨਕ ਦੇ ਸੁਖ-ਦਾਤੇ ਪ੍ਰਭੂ! ਮੈਂ ਤੇਰਾ (ਅੰਞਾਣ) ਬੱਚਾ ਹਾਂ ॥੨॥੩੦॥
17379	378	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17380	378	ਹਰਿ ਜਨ ਲੀਨੇ ਪ੍ਰਭੂ ਛਡਾਇ॥		Har Jan Leenae Prabhoo Shhaddaae ||	The Lord God has saved me, His slave.	(ਹੇ ਭਾਈ!) ਪਰਮਾਤਮਾ ਆਪਣੇ ਭਗਤਾਂ ਨੂੰ (ਮਾਇਆ-ਡੈਣ ਦੇ ਪੰਜੇ ਤੋਂ) ਆਪ ਬਚਾ ਲੈਂਦਾ ਹੈ।
17381	378	ਪ੍ਰੀਤਮ ਸਿਉ ਮੇਰੋ ਮਨੁ ਮਾਨਿਆ ਤਾਪੁ ਮੁਆ ਬਿਖੁ ਖਾਇ॥੧॥ਰਹਾਉ॥		Preetham Sio Maero Man Maaniaa Thaap Muaa Bikh Khaae ||1|| Rehaao ||	My mind has surrendered to my Beloved; my fever has taken poison and died. ||1||Pause||	(ਗੁਰੂ ਦੀ ਕਿਰਪਾ ਨਾਲ) ਮੇਰਾ ਮਨ ਭੀ ਪ੍ਰੀਤਮ-ਪਰਮਾਤਮਾ ਨਾਲ ਗਿੱਝਿਆ ਹੈ, ਮੇਰਾ ਭੀ (ਮਾਇਆ ਦਾ) ਤਾਪ (ਇਉਂ) ਮੁੱਕ ਗਿਆ ਹੈ (ਜਿਵੇਂ ਕੋਈ ਪ੍ਰਾਣੀ) ਜ਼ਹਰ ਖਾ ਕੇ ਮਰ ਜਾਂਦਾ ਹੈ ॥੧॥ ਰਹਾਉ ॥

17382	378	ਪਾਲਾ ਤਾਊ ਕਛੂ ਨ ਬਿਆਪੈ ਰਾਮ ਨਾਮ ਗੁਨ ਗਾਇ॥	ਪਾਲ਼ਾ: ਪੋਲਾ ਬੋਲੋ	Paalaa Thaaoo Kashhoo N Biaapai Raam Naam Gun Gaae ||	Cold and heat do not touch me at all, when I sing the Glorious Praises of the Lord.	(ਹੇ ਭਾਈ!) ਪਰਮਾਤਮਾ ਦੇ ਸੋਹਣੇ ਚਰਨਾਂ ਦਾ ਆਸਰਾ ਲਿਆਂ (ਮਨੁੱਖ ਦੇ) ਚਿੱਤ ਤੇ (ਮਾਇਆ-) ਡੈਣ ਦਾ ਕੋਈ ਜ਼ੋਰ ਨਹੀਂ ਚੜ੍ਹਦਾ।
17383	378	ਡਾਕੀ ਕੋ ਚਿਤਿ ਕਛੂ ਨ ਲਾਗੈ ਚਰਨਕਮਲ ਸਰਨਾਇ॥੧॥	(ਡਾਕੀ)ਡੈਣ ਮਾਇਆ। (ਦੂਜਾ ਪਾਠ: ਕੋਚਿਤਿ)	Ddaakee Ko Chith Kashhoo N Laagai Charan Kamal Saranaae ||1||	My consciousness is not affected by the witch, Maya; I take to the Sanctuary of the Lord's Lotus Feet. ||1||	ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾ ਗਾ ਕੇ ਨਾਹ ਮਾਇਆ ਦਾ ਲਾਲਚ ਜ਼ੋਰ ਪਾ ਸਕਦਾ ਹੈ, ਨਾਹ ਮਾਇਆ ਦਾ ਸਹਮ ਦਬਾਉ ਪਾਂਦਾ ਹੈ ॥੧॥
17384	378	ਸੰਤ ਪ੍ਰਸਾਦਿ ਭਏ ਕਿਰਪਾਲਾ ਹੋਏ ਆਪਿ ਸਹਾਇ॥		Santh Prasaadh Bheae Kirapaalaa Hoeae Aap Sehaae ||	By the Grace of the Saints, the Lord has shown His Mercy to me; He Himself is my Help and Support.	(ਹੇ ਭਾਈ!) ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਮੇਰੇ ਉਤੇ) ਦਇਆਵਾਨ ਹੋ ਗਿਆ ਹੈ (ਮਾਇਆ ਡੈਣ ਤੋਂ ਬਚਣ ਲਈ ਮੇਰਾ) ਆਪ ਸਹਾਈ ਬਣਿਆ ਹੋਇਆ ਹੈ।
17385	378	ਗੁਨ ਨਿਧਾਨ ਨਿਤਿ ਗਾਵੈ ਨਾਨਕੁ ਸਹਸਾ ਦੁਖੁ ਮਿਟਾਇ॥੨॥੩੧॥		Gun Nidhhaan Nith Gaavai Naanak Sehasaa Dhukh Mittaae ||2||31||	Nanak ever sings the Praises of the Lord, the treasure of excellence; his doubts and pains are eliminated. ||2||31||	ਹੁਣ (ਗੁਰੂ ਦੀ ਕਿਰਪਾ ਨਾਲ) ਨਾਨਕ (ਮਾਇਆ ਦਾ) ਸਹਮ ਤੇ ਦੁੱਖ ਦੂਰ ਕਰ ਕੇ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦੇ ਗੁਣ ਸਦਾ ਗਾਂਦਾ ਰਹਿੰਦਾ ਹੈ ॥੨॥੩੧॥
17386	378	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

17387	378	ਅਉਖਧੁ ਖਾਇਓ ਹਰਿ ਕੋ ਨਾਉ॥		Aoukhadhh Khaaeiou Har Ko Naao ||	I have taken the medicine of the Name of the Lord.	(ਹੇ ਭਾਈ!) ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ-ਦਵਾਈ ਖਾਧੀ,
17388	378	ਸੁਖ ਪਾਏ ਦੁਖ ਬਿਨਸਿਆ ਥਾਉ॥੧॥		Sukh Paaeae Dhukh Binasiaa Thhaao ||1||	I have found peace, and the seat of pain has been removed. ||1||	(ਉਸ ਦੇ ਅੰਦਰੋਂ ਮਾਇਆ ਦਾ ਮੋਹ) ਦੁੱਖਾਂ ਦਾ ਸੋਮਾ ਸੁੱਕ ਗਿਆ ਅਤੇ ਉਸ ਨੇ ਆਤਮਕ ਆਨੰਦ ਮਾਣ ਲਏ ॥੧॥
17389	378	ਤਾਪੁ ਗਇਆ ਬਚਨਿ ਗੁਰ ਪੂਰੇ॥	ਗਇਆ	Thaap Gaeiaa Bachan Gur Poorae ||	The fever has been broken, by the Teachings of the Perfect Guru.	(ਹੇ ਭਾਈ!) ਪੂਰੇ ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ (ਨਾਮ-ਦਵਾਈ ਖਾ ਕੇ ਮਾਇਆ ਦੇ ਮੋਹ ਦਾ) ਤਾਪ ਲਹਿ ਜਾਂਦਾ ਹੈ,
17390	378	ਅਨਦੁ ਭਇਆ ਸਭਿ ਮਿਟੇ ਵਿਸੂਰੇ॥੧॥ਰਹਾਉ॥	(ਵਿਸੂਰੇ) ਦੁੱਖ। ਅਨ-ਦੁ: ਪੋਲਾ ਬੋਲੋ	Anadh Bhaeiaa Sabh Mittae Visoorae ||1|| Rehaao ||	I am in ecstasy, and all of my sorrows have been dispelled. ||1||Pause||	ਆਤਮਕ-ਆਨੰਦ ਪੈਦਾ ਹੁੰਦਾ ਹੈ, ਸਾਰੇ ਚਿੰਤਾ ਫ਼ਿਕਰ ਮਿਟ ਜਾਂਦੇ ਹਨ ॥੧॥ ਰਹਾਉ ॥
17391	378	ਜੀਅ ਜੰਤ ਸਗਲ ਸੁਖੁ ਪਾਇਆ॥		Jeea Janth Sagal Sukh Paaeiaa ||	All beings and creatures obtain peace,	ਉਹਨਾਂ ਸਭਨਾਂ ਨੇ ਆਤਮਕ ਆਨੰਦ ਪ੍ਰਾਪਤ ਕੀਤਾ,
17392	378	ਪਾਰਬ੍ਰਹਮੁ ਨਾਨਕ ਮਨਿ ਧਿਆਇਆ॥੨॥੩੨॥		Paarabreham Naanak Man Dhhiaaeiaa ||2||32||	O Nanak, meditating on the Supreme Lord God. ||2||32||	ਹੇ ਨਾਨਕ! (ਗੁਰੂ ਦੇ ਉਪਦੇਸ਼ ਰਾਹੀਂ) ਜਿਸ ਜਿਨ੍ਹਾਂ ਨੇ ਪਰਮਾਤਮਾ ਨੂੰ ਆਪਣੇ ਮਨ ਵਿਚ ਸਿਮਰਿਆ ॥੨॥੩੨॥
17393	378	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

17394	378	ਬਾਂਛਤ ਨਾਹੀ ਸੁ ਬੇਲਾ ਆਈ॥	ਬੇਲਾ:ਪੋਲਾ ਬੋਲੋ। (ਬੇਲਾ)ਸਮਾਂ	Baanshhath Naahee S Baelaa Aaee ||	That time, which the mortal does not wish for, eventually comes.	(ਹੇ ਭਾਈ!) ਜਿਸ ਨੂੰ ਕੋਈ ਭੀ ਪਸੰਦ ਨਹੀਂ ਕਰਦਾ, ਮੌਤ ਦਾ ਉਹ ਸਮਾ ਜ਼ਰੂਰ ਆ ਜਾਂਦਾ ਹੈ (ਮਨੁੱਖ ਫਿਰ ਭੀ ਨਹੀਂ ਸਮਝਦਾ ਕਿ ਮੌਤ ਜ਼ਰੂਰ ਆਉਣੀ ਹੈ।)
17395	378	ਬਿਨੁ ਹੁਕਮੈ ਕਿਉ ਬੁਝੈ ਬੁਝਾਈ॥੧॥	ਹੁਕਮ ਮੰਨੇ ਬਿਨਾ ਕਾਲ਼ ਦੀ ਅੱਗ, ਬੁਝਾਈ ਨਹੀਂ (ਬੁਝੈ) ਬੁਝਦੀ।ਬੁਝੈ ਬੁਝਾਈ: ਪੋਲੇ ਬੋਲੋ	Bin Hukamai Kio Bujhai Bujhaaee ||1||	Without the Lord's Command, how can understanding be understood? ||1||	ਜਦ ਪਰਮਾਤਮਾ ਦਾ ਹੁਕਮ ਨਾਹ ਹੋਵੇ ਜੀਵ ਨੂੰ ਕਿਤਨਾ ਸਮਝਾਓ ਇਹ ਨਹੀਂ ਸਮਝਦਾ ॥੧॥
17396	378	ਠੰਢੀ ਤਾਤੀ ਮਿਟੀ ਖਾਈ॥		Thandtee Thaathee Mittee Khaaee ||	The body is consumed by water, fire and earth.	ਹੇ ਭਾਈ! (ਮਰੇ ਸਰੀਰ ਨੂੰ) ਜਲ-ਪ੍ਰਵਾਹ ਕੀਤਾ ਜਾਂਦਾ ਹੈ, ਅੱਗ ਸਾੜ ਦੇਂਦੀ ਹੈ ਜਾਂ (ਦੱਬਿਆਂ) ਮਿੱਟੀ ਖਾ ਜਾਂਦੀ ਹੈ
17397	378	ਓਹੁ ਨ ਬਾਲਾ ਬੂਢਾ ਭਾਈ॥੧॥ਰਹਾਉ॥		Ouhu N Baalaa Boodtaa Bhaaee ||1|| Rehaao ||	But the soul is neither young nor old, O Siblings of Destiny. ||1||Pause||	ਜੀਵਾਤਮਾ (ਪਰਮਾਤਮਾ ਦੀ ਅੰਸ਼ ਹੈ ਜੋ) ਨਾਹ ਕਦੇ ਬਾਲਕ ਹੈ ਤੇ ਨਾਹ ਕਦੇ ਬੁੱਢਾ ਹੈ (ਉਹ ਕਦੇ ਨਹੀਂ ਮਰਦਾ। ਸਰੀਰ ਹੀ ਕਦੇ ਬਾਲਕ ਹੈ ਕਦੇ ਜਵਾਨ ਹੈ, ਕਦੇ ਬੁੱਢਾ ਹੈ ਤੇ ਫਿਰ ਮਰ ਜਾਂਦਾ ਹੈ) ॥੧॥ ਰਹਾਉ ॥
17398	378	ਨਾਨਕ ਦਾਸ ਸਾਧ ਸਰਣਾਈ॥		Naanak Dhaas Saadhh Saranaaee ||	Servant Nanak has entered the Sanctuary of the Holy.	ਹੇ ਦਾਸ ਨਾਨਕ! ਗੁਰੂ ਦੀ ਸਰਨ ਪਿਆਂ ਹੀ-

17399	378	ਗੁਰ ਪ੍ਰਸਾਦਿ ਭਉ ਪਾਰਿ ਪਰਾਈ॥੨॥੩੩॥		Gur Prasaadh Bho Paar Paraaee ||2||33||	By Guru's Grace, he has shaken off the fear of death. ||2||33||	ਗੁਰੂ ਦੀ ਕਿਰਪਾ ਨਾਲ ਹੀ ਮਨੁੱਖ (ਮੌਤ ਦੇ) ਡਰ-ਸਹਮ ਤੋਂ ਪਾਰ ਲੰਘ ਸਕਦਾ ਹੈ ॥੨॥੩੩॥
17400	378	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17401	378	ਸਦਾ ਸਦਾ ਆਤਮ ਪਰਗਾਸੁ॥		Sadhaa Sadhaa Aatham Paragaas ||	Forever and ever, the soul is illumined;	(ਹੇ ਭਾਈ!) ਉਸ ਮਨੁੱਖ ਨੂੰ ਸਦਾ ਕਾਇਮ ਰਹਿਣ ਵਾਲਾ ਆਤਮਕ ਜੀਵਨ ਦਾ ਚਾਨਣ ਮਿਲ ਜਾਂਦਾ ਹੈ,
17402	378	ਸਾਧਸੰਗਤਿ ਹਰਿ ਚਰਣ ਨਿਵਾਸੁ॥੧॥		Saadhhasangath Har Charan Nivaas ||1||	In the Saadh Sangat, the Company of the Holy, it dwells at the Feet of the Lord. ||1||	ਸਾਧ ਸੰਗਤਿ ਵਿਚ ਰਹਿ ਕੇ ਜਿਸ ਦਾ ਮਨ ਪਰਮਾਤਮਾ ਦੇ ਚਰਨਾਂ ਵਿਚ ਟਿਕਿਆ ਰਹਿੰਦਾ ਹੈ ॥੧॥
17403	378	ਰਾਮ ਨਾਮ ਨਿਤਿ ਜਪਿ ਮਨ ਮੇਰੇ॥		Raam Naam Nith Jap Man Maerae ||	Chant the Lord's Name each and every day, O my mind.	ਹੇ ਮੇਰੇ ਮਨ! ਸਦਾ ਪਰਮਾਤਮਾ ਦਾ ਨਾਮ ਜਪਿਆ ਕਰ।
17404	378	ਸੀਤਲ ਸਾਂਤਿ ਸਦਾ ਸੁਖ ਪਾਵਹਿ ਕਿਲਵਿਖ ਜਾਹਿ ਸਭੇ ਮਨ ਤੇਰੇ॥੧॥ਰਹਾਉ॥	(ਕਿਲਵਿਖ) ਪਾਪ	Seethal Saanth Sadhaa Sukh Paavehi Kilavikh Jaahi Sabhae Man Thaerae ||1|| Rehaao ||	You shall find lasting peace, contentment and tranquility, and all your sins shall depart. ||1||Pause||	ਹੇ ਮਨ! (ਨਾਮ ਦੀ ਬਰਕਤਿ ਨਾਲ) ਤੇਰੇ ਸਾਰੇ ਪਾਪ ਦੂਰ ਹੋ ਜਾਣਗੇ, ਤੇਰਾ ਆਪਾ ਠੰਡਾ-ਠਾਰ ਹੋ ਜਾਇਗਾ, ਤੇਰੇ ਅੰਦਰ ਸ਼ਾਂਤੀ ਪੈਦਾ ਹੋ ਜਾਇਗੀ, ਤੂੰ ਸਦਾ ਆਤਮਕ ਆਨੰਦ ਮਾਣਦਾ ਰਹੇਂਗਾ ॥੧॥ ਰਹਾਉ ॥
17405	378	ਕਹੁ ਨਾਨਕ ਜਾ ਕੇ ਪੂਰਨ ਕਰਮ॥		Kahu Naanak Jaa Kae Pooran Karam ||	Says Nanak, one who is blessed with perfect good karma,	(ਪਰ) ਨਾਨਕ ਆਖਦਾ ਹੈ, ਜਿਸ ਮਨੁੱਖ ਦੇ ਪੂਰੇ ਭਾਗ ਜਾਗਦੇ ਹਨ,

17406	378	ਸਤਿਗੁਰ ਭੇਟੇ ਪੂਰਨ ਪਾਰਬ੍ਰਹਮ॥੨॥੩੪॥		Sathigur Bhaettae Pooran Paarabreham ||2||34||	Meets the True Guru, and obtains the Perfect Supreme Lord God. ||2||34||	ਉਹ ਹੀ ਸਤਿਗੁਰੂ ਨੂੰ ਮਿਲਦਾ ਹੈ ਤੇ ਸਭ ਗੁਣਾਂ ਨਾਲ ਭਰਪੂਰ ਪਰਮਾਤਮਾ ਨੂੰ ਮਿਲਦਾ ਹੈ ॥੨॥੩੪॥
17407	378	ਦੂਜੇ ਘਰ ਕੇ ਚਉਤੀਸ॥		Dhoojae Ghar Kae Chouthees ||	Thirty-four Shabads in Second House. ||	ਦੂਜੇ ਘਰ ਕੇ ਚਉਤੀਸ ॥
17408	378	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17409	378	ਜਾ ਕਾ ਹਰਿ ਸੁਆਮੀ ਪ੍ਰਭੁ ਬੇਲੀ॥		Jaa Kaa Har Suaamee Prabh Baelee ||	She who has the Lord God as her Friend	(ਹੇ ਭਾਈ!) ਸਭ ਜੀਵਾਂ ਦਾ ਮਾਲਕ ਹਰਿ ਪ੍ਰਭੂ ਜਿਸ ਮਨੁੱਖ ਦਾ ਮਦਦਗਾਰ ਬਣ ਜਾਂਦਾ ਹੈ,
17410	379	ਪੀੜ ਗਈ ਫਿਰਿ ਨਹੀ ਦੁਹੇਲੀ॥੧॥ਰਹਾਉ॥	(ਦੁਹੇਲੀ) ਦੁਖੀ	Peerr Gee Fir Nehee Dhuhaelee ||1|| Rehaao ||	Her pain is dispelled, and she shall not become sad again. ||1||Pause||	ਉਸ ਦਾ ਹਰੇਕ ਕਿਸਮ ਦਾ ਦੁੱਖ-ਦਰਦ ਦੂਰ ਹੋ ਜਾਂਦਾ ਹੈ ਉਸ ਨੂੰ ਮੁੜ ਕਦੇ ਦੁਖ ਘੇਰ ਨਹੀਂ ਸਕਦੇ ॥੧॥ ਰਹਾਉ ॥
17411	379	ਕਰਿ ਕਿਰਪਾ ਚਰਨ ਸੰਗਿ ਮੇਲੀ॥		Kar Kirapaa Charan Sang Maelee ||	Showing His Mercy, He joins her with His Feet,	(ਹੇ ਭਾਈ!) ਜਿਸ ਜੀਵ ਨੂੰ ਪਰਮਾਤਮਾ ਕਿਰਪਾ ਕਰ ਕੇ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ,

17412	379	ਸੂਖ ਸਹਜ ਆਨੰਦ ਸੁਹੇਲੀ॥੧॥	(ਸੁਹੇਲੀ) ਸੁਖੀ	Sookh Sehaj Aanandh Suhaelee ||1||	And she attains celestial peace, joy and comfort. ||1||	ਉਸ ਦੇ ਅੰਦਰ ਸੁਖ ਆਨੰਦ ਆਤਮਕ ਅਡੋਲਤਾ ਆ ਵੱਸਦੇ ਹਨ ਉਸ ਦਾ ਜੀਵਨ ਸੁਖੀ ਹੋ ਜਾਂਦਾ ਹੈ ॥੧॥
17413	379	ਸਾਧਸੰਗਿ ਗੁਣ ਗਾਇ ਅਤੋਲੀ॥		Saadhhasang Gun Gaae Atholee ||	In the Saadh Sangat, the Company of the Holy, she sings the Glorious Praises of the Immeasurable Lord.	ਸਾਧ ਸੰਗਤਿ ਵਿਚ ਪਰਮਾਤਮਾ ਦੇ ਗੁਣ ਗਾ ਕੇ (ਮਨੁੱਖ ਦਾ ਜੀਵਨ ਇਤਨਾ ਉੱਚਾ ਹੋ ਜਾਂਦਾ ਹੈ ਕਿ ਉਸ ਦੇ)
17414	379	ਹਰਿ ਸਿਮਰਤ ਨਾਨਕ ਭਈ ਅਮੋਲੀ॥੨॥੩੫॥	(ਅਮੋਲੀ) ਮੁੱਲ ਰਹਿਤ ਅਮੋਲਕ	Har Simarath Naanak Bhee Amolee ||2||35||	Remembering the Lord in meditation, O Nanak, she becomes invaluable. ||2||35||	ਹੇ ਨਾਨਕ! ਪਰਮਾਤਮਾ ਦਾ ਸਿਮਰਨ ਕਰਨ ਵਾਲੇ ਦੇ ਬਰਾਬਰ ਦਾ ਕੋਈ ਨਹੀਂ ਮਿਲ ਸਕਦਾ, ਉਸ ਦੀ ਕੀਮਤ ਦਾ ਕੋਈ ਨਹੀਂ ਲੱਭ ਸਕਦਾ ॥੨॥੩੫॥
17415	379	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17416	379	ਕਾਮ ਕ੍ਰੋਧ ਮਾਇਆ ਮਦ ਮਤਸਰ ਏ ਖੇਲਤ ਸਭਿ ਜੂਐ ਹਾਰੇ॥	(ਮਦ) ਹੰਕਾਰ। ਮਤਸਰ:ਪੋਲਾ ਬੋਲੋ। (ਮਤਸਰ) ਈਰਖਾ। ਖ਼੍ਲਤ	Kaam Krodhh Maaeiaa Madh Mathasar Eae Khaelath Sabh Jooai Haarae ||	Sexual desire, anger, intoxication with Maya and jealousy - I have lost all of these in the game of chance.	(ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸੰਗਤਿ ਵਿਚ ਮਿਲ ਬੈਠਦਾ ਹੈ ਉਹ) ਕਾਮ, ਕ੍ਰੋਧ, ਮਾਇਆ ਦਾ ਮੋਹ, ਅਹੰਕਾਰ, ਈਰਖਾ- ਇਹਨਾਂ ਸਾਰੇ ਵਿਕਾਰਾਂ ਨੂੰ (ਮਾਨੋ) ਜੂਏ ਦੀ ਬਾਜ਼ੀ ਵਿਚ ਖੇਡ ਕੇ ਹਾਰ ਦੇਂਦਾ ਹੈ,

17417	379	ਸਤੁ ਸੰਤੋਖੁ ਦਇਆ ਧਰਮੁ ਸਚੁ ਇਹ ਅਪੁਨੈ ਗ੍ਰਿਹ ਭੀਤਰਿ ਵਾਰੇ॥੧॥	(ਵਾਰੇ) ਵਾੜੇ	Sath Santhokh Dhaeiaa Dhharam Sach Eih Apunai Grih Bheethar Vaarae ||1||	Purity, contentment, compassion, faith and truthfulness - I have ushered these into the home of my self. ||1||	ਅਤੇ ਸਤ ਸੰਤੋਖ ਦਇਆ ਧਰਮ ਸੱਚ-ਇਹਨਾਂ ਗੁਣਾਂ ਨੂੰ ਆਪਣੇ ਹਿਰਦੇ-ਘਰ ਵਿਚ ਲੈ ਆਉਂਦਾ ਹੈ ॥੧॥
17418	379	ਜਨਮ ਮਰਨ ਚੂਕੇ ਸਭਿ ਭਾਰੇ॥		Janam Maran Chookae Sabh Bhaarae ||	All the loads of birth and death have been removed.	(ਹੇ ਭਾਈ!) ਉਸ ਦੇ ਜਨਮ ਮਰਨ ਦੇ ਗੇੜ ਮੁੱਕ ਗਏ ਉਸ ਦੀਆਂ (ਆਪਣੇ ਆਪ ਆਪਣੇ ਸਿਰ ਉਤੇ ਲਈਆਂ) ਜ਼ਿੰਮੇਵਾਰੀਆਂ ਮੁੱਕ ਗਈਆਂ।
17419	379	ਮਿਲਤ ਸੰਗਿ ਭਇਓ ਮਨੁ ਨਿਰਮਲੁ ਗੁਰਿ ਪੂਰੈ ਲੈ ਖਿਨ ਮਹਿ ਤਾਰੇ॥੧॥ਰਹਾਉ॥		Milath Sang Bhaeiou Man Niramal Gur Poorai Lai Khin Mehi Thaarae ||1|| Rehaao ||	Joining the Saints' Society, my mind has become pure; the Perfect Guru has saved me in an instant. ||1||Pause||	ਸਾਧ ਸੰਗਤਿ ਵਿਚ ਮਿਲ ਬੈਠਿਆਂ ਮਨ ਪਵਿਤ੍ਰ ਹੋ ਜਾਂਦਾ ਹੈ, (ਸਾਧ ਸੰਗਤਿ ਵਿਚ ਬੈਠਣ ਵਾਲੇ ਨੂੰ) ਪੂਰੇ ਗੁਰੂ ਨੇ ਇਕ ਖਿਨ ਵਿਚ (ਵਿਕਾਰਾਂ ਦੇ ਸਮੁੰਦਰ ਤੋਂ) ਪਾਰ ਲੰਘਾ ਲਿਆ ॥੧॥ ਰਹਾਉ ॥
17420	379	ਸਭ ਕੀ ਰੇਨੁ ਹੋਇ ਰਹੈ ਮਨੂਆ ਸਗਲੇ ਦੀਸਹਿ ਮੀਤ ਪਿਆਰੇ॥		Sabh Kee Raen Hoe Rehai Manooaa Sagalae Dheesehi Meeth Piaarae ||	My mind has become the dust of all, and everyone seems a sweet friend to me.	(ਹੇ ਭਾਈ! ਜੇਹੜਾ ਮਨੁੱਖ ਸੰਗਤਿ ਵਿਚ ਬੈਠਦਾ ਹੈ ਉਸ ਦਾ) ਮਨ ਸਭਨਾਂ ਦੀ ਚਰਨ-ਧੂੜ ਬਣ ਜਾਂਦਾ ਹੈ ਉਸ ਨੂੰ (ਸ੍ਰਿਸ਼ਟੀ ਦੇ) ਸਾਰੇ ਜੀਵ ਪਿਆਰੇ ਮਿੱਤਰ ਦਿੱਸਦੇ ਹਨ।

17421	379	ਸਭ ਮਧੇ ਰਵਿਆ ਮੇਰਾ ਠਾਕੁਰੁ ਦਾਨੁ ਦੇਤ ਸਭਿ ਜੀਅ ਸਮ੍ਾਰੇ॥੨॥		Sabh Madhhae Raviaa Maeraa Thaakur Dhaan Dhaeth Sabh Jeea Samhaarae ||2||	My Lord and Master is contained in all. He gives His Gifts to all beings, and cherishes them. ||2||	(ਉਸ ਨੂੰ ਪ੍ਰਤੱਖ ਦਿੱਸਦਾ ਹੈ ਕਿ) ਪਿਆਰਾ ਪਾਲਣਹਾਰ ਪ੍ਰਭੂ ਸਭ ਜੀਵਾਂ ਵਿਚ ਮੌਜੂਦ ਹੈ ਤੇ ਸਭ ਜੀਵਾਂ ਨੂੰ ਦਾਤਾਂ ਦੇ ਦੇ ਕੇ ਸਭ ਦੀ ਸੰਭਾਲ ਕਰ ਰਿਹਾ ਹੈ ॥੨॥
17422	379	ਏਕੋ ਏਕੁ ਆਪਿ ਇਕੁ ਏਕੈ ਏਕੈ ਹੈ ਸਗਲਾ ਪਾਸਾਰੇ॥		Eaeko Eaek Aap Eik Eaekai Eaekai Hai Sagalaa Paasaarae ||	He Himself is the One and only; from the One, the One and only, came the expanse of the entire creation.	(ਹੇ ਭਾਈ! ਜੇਹੜੇ ਮਨੁੱਖ ਸਾਧ ਸੰਗਤਿ ਵਿਚ ਆਉਂਦੇ ਹਨ ਉਹਨਾਂ ਨੂੰ ਨਿਸ਼ਚਾ ਬਣ ਜਾਂਦਾ ਹੈ ਕਿ ਸਾਰੇ ਸੰਸਾਰ ਵਿਚ) ਪਰਮਾਤਮਾ ਆਪ ਹੀ ਆਪ ਵੱਸ ਰਿਹਾ ਹੈ, ਇਹ ਸਾਰਾ ਜਗਤ ਉਸ ਇੱਕ ਪਰਮਾਤਮਾ ਦਾ ਹੀ ਖਿਲਾਰਾ ਹੈ।
17423	379	ਜਪਿ ਜਪਿ ਹੋਏ ਸਗਲ ਸਾਧ ਜਨ ਏਕੁ ਨਾਮੁ ਧਿਆਇ ਬਹੁਤੁ ਉਧਾਰੇ॥੩॥		Jap Jap Hoeae Sagal Saadhh Jan Eaek Naam Dhhiaae Bahuth Oudhhaarae ||3||	Chanting and meditating, all the humble beings have become Holy; meditating on the Naam, the Name of the Lord, so many have been saved. ||3||	ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਉਹ ਸਾਰੇ ਮਨੁੱਖ ਗੁਰਮੁਖਿ ਬਣ ਜਾਂਦੇ ਹਨ, ਇਕ ਪਰਮਾਤਮਾ ਦੇ ਨਾਮ ਦਾ ਧਿਆਨ ਧਰ ਕੇ ਉਹ ਹੋਰ ਅਨੇਕਾਂ ਨੂੰ ਵਿਕਾਰਾਂ ਤੋਂ ਬਚਾ ਲੈਂਦੇ ਹਨ ॥੩॥

17424	379	ਗਹਿਰ ਗੰਭੀਰ ਬਿਅੰਤ ਗੁਸਾਈ ਅੰਤੁ ਨਹੀ ਕਿਛੁ ਪਾਰਾਵਾਰੇ॥		Gehir Ganbheer Bianth Gusaaee Anth Nehee Kishh Paaraavaarae ||	The Lord of the Universe is deep, profound and infinite; He has no end or limitation.	ਹੇ ਡੂੰਘੇ ਪ੍ਰਭੂ! ਹੇ ਵੱਡੇ ਜਿਗਰੇ ਵਾਲੇ ਪ੍ਰਭੂ! ਹੇ ਬੇਅੰਤ ਗੁਸਾਈਂ! ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਤੇਰੀ ਹਸਤੀ ਦਾ ਉਰਲਾ ਤੇ ਪਾਰਲਾ ਬੰਨਾ ਨਹੀਂ ਲੱਭ ਸਕਦਾ।
17425	379	ਤੁਮ੍ਰੀ ਕ੍ਰਿਪਾ ਤੇ ਗੁਨ ਗਾਵੈ ਨਾਨਕ ਧਿਆਇ ਧਿਆਇ ਪ੍ਰਭ ਕਉ ਨਮਸਕਾਰੇ॥੪॥੩੬॥		Thumharee Kirapaa Thae Gun Gaavai Naanak Dhhiaae Dhhiaae Prabh Ko Namasakaarae ||4||36||	By Your Grace, Nanak sings Your Glorious Praises; meditating, meditating, he humbly bows to God. ||4||36||	ਹੇ ਨਾਨਕ! (ਆਖ-) ਜੇਹੜਾ ਭੀ ਕੋਈ ਜੀਵ ਤੇਰੇ ਗੁਣ ਗਾਂਦਾ ਹੈ, ਜੇਹੜਾ ਭੀ ਕੋਈ ਤੇਰਾ ਨਾਮ ਸਿਮਰ ਸਿਮਰ ਕੇ ਤੇਰੇ ਅੱਗੇ ਸਿਰ ਨਿਵਾਂਦਾ ਹੈ ਉਹ ਇਹ ਸਭ ਕੁਝ ਤੇਰੀ ਮੇਹਰ ਨਾਲ ਹੀ ਕਰਦਾ ਹੈ ॥੪॥੩੬॥
17426	379	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17427	379	ਤੂ ਬਿਅੰਤੁ ਅਵਿਗਤੁ ਅਗੋਚਰੁ ਇਹੁ ਸਭੁ ਤੇਰਾ ਆਕਾਰੁ॥		Thoo Bianth Avigath Agochar Eihu Sabh Thaeraa Aakaar ||	You are Infinite, Eternal and Incomprehensible; all this is Your Creation.	(ਹੇ ਠਾਕੁਰ!) ਤੂੰ ਬੇਅੰਤ ਹੈਂ ਤੂੰ ਅਦ੍ਰਿਸ਼ਟ ਹੈਂ, ਤੂੰ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈਂ, ਇਹ ਦਿੱਸਦਾ ਜਗਤ ਸਾਰਾ ਤੇਰਾ ਹੀ ਰਚਿਆ ਹੋਇਆ ਹੈ।

17428	379	ਕਿਆ ਹਮ ਜੰਤ ਕਰਹ ਚਤੁਰਾਈ ਜਾਂ ਸਭੁ ਕਿਛੁ ਤੁਝੈ ਮਝਾਰਿ॥੧॥	(ਮਝਾਰਿ) ਵਿੱਚ	Kiaa Ham Janth Kareh Chathuraaee Jaan Sabh Kishh Thujhai Majhaar ||1||	What clever games can we play, when everything is contained in You? ||1||	ਅਸੀਂ ਤੇਰੇ ਪੈਦਾ ਕੀਤੇ ਹੋਏ ਜੀਵ ਤੇਰੇ ਸਾਹਮਣੇ ਆਪਣੀ ਲਿਆਕਤ ਦਾ ਕੀਹ ਵਿਖਾਵਾ ਕਰ ਸਕਦੇ ਹਾਂ? ਜੋ ਕੁਝ ਹੋ ਰਿਹਾ ਹੈ ਸਭ ਤੇਰੇ ਹੁਕਮ ਅੰਦਰ ਹੋ ਰਿਹਾ ਹੈ ॥੧॥
17429	379	ਮੇਰੇ ਸਤਿਗੁਰ ਅਪਨੇ ਬਾਲਿਕ ਰਾਖਹੁ ਲੀਲਾ ਧਾਰਿ॥	(ਲੀੱਲਾ)ਕ੍ਰਿਪਾ	Maerae Sathigur Apanae Baalik Raakhahu Leelaa Dhaar ||	O my True Guru, protect me, Your child, through the power of Your play.	ਹੇ ਮੇਰੇ ਸਤਿਗੁਰ! ਆਪਣੇ ਬੱਚਿਆਂ ਨੂੰ ਆਪਣਾ ਕੌਤਕ ਵਰਤਾ ਕੇ (ਵਿਕਾਰਾਂ ਤੋਂ) ਬਚਾਈ ਰੱਖ।
17430	379	ਦੇਹੁ ਸੁਮਤਿ ਸਦਾ ਗੁਣ ਗਾਵਾ ਮੇਰੇ ਠਾਕੁਰ ਅਗਮ ਅਪਾਰ॥੧॥ਰਹਾਉ॥	ਸੁ-ਮੱਤਿ	Dhaehu Sumath Sadhaa Gun Gaavaa Maerae Thaakur Agam Apaar ||1|| Rehaao ||	Grant me the good sense to ever sing Your Glorious Praises, O my Inaccessible and Infinite Lord and Master. ||1||Pause||	ਹੇ ਮੇਰੇ ਅਪਹੁੰਚ ਤੇ ਬੇਅੰਤ ਠਾਕੁਰ! ਮੈਨੂੰ ਸੁਚੱਜੀ ਮਤਿ ਦੇਹ ਮੈਂ ਸਦਾ ਤੇਰੇ ਗੁਣ ਗਾਂਦਾ ਰਹਾਂ ॥੧॥ ਰਹਾਉ ॥
17431	379	ਜੈਸੇ ਜਨਨਿ ਜਠਰ ਮਹਿ ਪ੍ਰਾਨੀ ਓਹੁ ਰਹਤਾ ਨਾਮ ਅਧਾਰਿ॥	(ਜਨਨਿ) ਮਾਂ। (ਜਠਰ)ਉਦਰ	Jaisae Janan Jathar Mehi Praanee Ouhu Rehathaa Naam Adhhaar ||	The mortal is preserved in the womb of his mother, by the Support of the Naam, the Name of the Lord;	(ਹੇ ਠਾਕੁਰ! ਇਹ ਤੇਰਾ ਹੀ ਚੋਜ ਹੈ ਜਿਵੇਂ) ਜੀਵ ਮਾਂ ਦੇ ਪੇਟ ਵਿਚ ਰਹਿੰਦਾ ਹੋਇਆ ਤੇਰੇ ਨਾਮ ਦੇ ਆਸਰੇ ਜੀਊਂਦਾ ਹੈ।

17432	379	ਅਨਦੁ ਕਰੈ ਸਾਸਿ ਸਾਸਿ ਸਮ੍ਹਾਰੈ ਨਾ ਪੋਹੈ ਅਗਨਾਰਿ॥੨॥	(ਅੱਗਨਾਰਿ)ਪੇਟ ਦੀ ਅੱਗ। ਅਨਦੁ	Anadh Karai Saas Saas Samhaarai Naa Pohai Aganaar ||2||	He makes merry, and with each and every breath he remembers the Lord, and the fire does not touch him. ||2||	(ਮਾਂ ਦੇ ਪੇਟ ਵਿਚ) ਉਹ ਹਰੇਕ ਸਾਹ ਦੇ ਨਾਲ (ਤੇਰਾ ਨਾਮ) ਯਾਦ ਕਰਦਾ ਹੈ ਤੇ ਆਤਮਕ ਆਨੰਦ ਮਾਣਦਾ ਹੈ ਉਸ ਨੂੰ ਮਾਂ ਦੇ ਪੇਟ ਦੀ ਅੱਗ ਸੇਕ ਨਹੀਂ ਅਪੜਾ ਸਕਦੀ ॥੨॥
17433	379	ਪਰ ਧਨ ਪਰ ਦਾਰਾ ਪਰ ਨਿੰਦਾ ਇਨ ਸਿਉ ਪ੍ਰੀਤਿ ਨਿਵਾਰਿ॥	(ਨਿਵਾਰਿ) ਦੂਰ ਕਰ	Par Dhhan Par Dhaaraa Par Nindhaa Ein Sio Preeth Nivaar ||	Others' wealth, others' wives, and the slander of others - renounce your craving for these.	(ਹੇ ਠਾਕੁਰ! ਜਿਵੇਂ ਤੂੰ ਮਾਂ ਦੇ ਪੇਟ ਵਿਚ ਰੱਖਿਆ ਕਰਦਾ ਹੈਂ ਤਿਵੇਂ ਹੁਣ ਭੀ) ਪਰਾਇਆ ਧਨ, ਪਰਾਈ ਇਸਤ੍ਰੀ, ਪਰਾਈ ਨਿੰਦਾ- ਇਹਨਾਂ ਵਿਕਾਰਾਂ ਨਾਲੋਂ ਮੇਰੀ ਪ੍ਰੀਤਿ ਦੂਰ ਕਰ।
17434	379	ਚਰਨਕਮਲ ਸੇਵੀ ਰਿਦ ਅੰਤਰਿ ਗੁਰ ਪੂਰੇ ਕੈ ਆਧਾਰਿ॥੩॥		Charan Kamal Saevee Ridh Anthar Gur Poorae Kai Aadhhaar ||3||	Serve the Lord's Lotus Feet within your heart, and hold to the Support of the Perfect Guru. ||3||	(ਮੇਹਰ ਕਰ) ਪੂਰੇ ਗੁਰੂ ਦਾ ਆਸਰਾ ਲੈ ਕੇ ਮੈਂ ਤੇਰੇ ਸੋਹਣੇ ਚਰਨਾਂ ਦਾ ਧਿਆਨ ਆਪਣੇ ਹਿਰਦੇ ਵਿਚ ਟਿਕਾਈ ਰੱਖਾਂ ॥੩॥
17435	379	ਗ੍ਰਿਹੁ ਮੰਦਰ ਮਹਲਾ ਜੋ ਦੀਸਹਿ ਨਾ ਕੋਈ ਸੰਗਾਰਿ॥		Grihu Mandhar Mehalaa Jo Dheesehi Naa Koee Sangaar ||	Houses, mansions and palaces which you see - none of these shall go with you.	(ਹੇ ਭਾਈ!) ਘਰ ਮੰਦਰ ਮਹਲ-ਮਾੜੀਆਂ ਜੇਹੜੇ ਭੀ ਤੈਨੂੰ ਦਿੱਸ ਰਹੇ ਹਨ ਇਹਨਾਂ ਵਿਚੋਂ ਕੋਈ ਭੀ ਤੇਰੇ ਨਾਲ (ਅੰਤ ਵੇਲੇ) ਨਹੀਂ ਜਾਇਗਾ।

17436	379	ਜਬ ਲਗੁ ਜੀਵਹਿ ਕਲੀ ਕਾਲ ਮਹਿ ਜਨ ਨਾਨਕ ਨਾਮੁ ਸਮ੍ਹਾਰਿ॥੪॥੩੭॥	ਕਲੀ: ਪੋਲਾ ਬੋਲੋ	Jab Lag Jeevehi Kalee Kaal Mehi Jan Naanak Naam Samhaar ||4||37||	As long as you live in this Dark Age of Kali Yuga, O servant Nanak, remember the Naam, the Name of the Lord. ||4||37||	ਹੇ ਦਾਸ ਨਾਨਕ! (ਇਸ ਵਾਸਤੇ) ਜਦ ਤਕ ਤੂੰ ਜਗਤ ਵਿਚ ਜੀਊਂਦਾ ਹੈਂ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਪ੍ਰੋ ਰੱਖ (ਇਹੀ ਅਸਲੀ ਸਾਥੀ ਹੈ) ॥੪॥੩੭॥
17437	379	ਆਸਾ ਘਰੁ ੩ ਮਹਲਾ ੫		Aasaa Ghar 3 Mehalaa 5	Aasaa, Third House, Fifth Mehl:	ਰਾਗ ਆਸਾ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
17438	379	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
17439	379	ਰਾਜ ਮਿਲਕ ਜੋਬਨ ਗ੍ਰਿਹ ਸੋਭਾ ਰੂਪਵੰਤੁ ਜੋਆਨੀ॥	(ਮਿਲਕ) ਜਗੀਰ। (ਰੂਪਵੰਤੁ) ਰੂਪ ਵਾਲੀ। (ਜੋਆਨੀ) ਜੁਵਾ ਅਵਸਥਾ	Raaj Milak Joban Grih Sobhaa Roopavanth Juoaanee ||	Power, property, youth, household, fame and the beauty of youth;	(ਹੇ ਭਾਈ!) ਹਕੂਮਤਿ, ਜ਼ਮੀਨ ਦੀ ਮਾਲਕੀ, ਜੋਬਨ, ਘਰ, ਇੱਜ਼ਤ, ਸੁੰਦਰਤਾ, ਜੁਆਨੀ,
17440	379	ਬਹੁਤੁ ਦਰਬੁ ਹਸਤੀ ਅਰੁ ਘੋੜੇ ਲਾਲ ਲਾਖ ਬੈ ਆਨੀ॥	(ਦਰਬੁ) ਧਨ। (ਬੈ) ਮੁੱਲ	Bahuth Dharab Hasathee Ar Ghorrae Laal Laakh Bai Aanee ||	Great wealth, elephants, horses and jewels, purchased with tens of thousands of dollars;	ਬਹੁਤ ਧਨ, ਹਾਥੀ ਅਤੇ ਘੋੜੇ (ਜੇ ਇਹ ਸਭ ਕੁਝ ਕਿਸੇ ਮਨੁੱਖ ਦੇ ਪਾਸ ਹੋਵੇ), ਜੇ ਲੱਖਾਂ ਰੁਪਏ ਖ਼ਰਚ ਕੇ (ਕੀਮਤੀ) ਲਾਲ ਮੁੱਲ ਲੈ ਆਵੇ (ਤੇ ਇਹਨਾਂ ਪਦਾਰਥਾਂ ਦਾ ਮਾਣ ਕਰਦਾ ਰਹੇ),

17441	379	ਆਗੈ ਦਰਗਹਿ ਕਾਮਿ ਨ ਆਵੈ ਛੋਡਿ ਚਲੈ ਅਭਿਮਾਨੀ॥੧॥		Aagai Dharagehi Kaam N Aavai Shhodd Chalai Abhimaanee ||1||	Hereafter, these shall be of no avail in the Court of the Lord; the proud must depart, leaving them behind. ||1||	ਪਰ ਅਗਾਂਹ ਪਰਮਾਤਮਾ ਦੀ ਦਰਗਾਹ ਵਿਚ (ਇਹਨਾਂ ਵਿਚੋਂ ਕੋਈ ਭੀ ਚੀਜ਼) ਕੰਮ ਨਹੀਂ ਆਉਂਦੀ। (ਇਹਨਾਂ ਪਦਾਰਥਾਂ ਦਾ) ਮਾਣ ਕਰਨ ਵਾਲਾ ਮਨੁੱਖ (ਇਹਨਾਂ ਸਭਨਾਂ ਨੂੰ ਇਥੇ ਹੀ) ਛੱਡ ਕੇ (ਇਥੋਂ) ਤੁਰ ਪੈਂਦਾ ਹੈ ॥੧॥
17442	379	ਕਾਹੇ ਏਕ ਬਿਨਾ ਚਿਤੁ ਲਾਈਐ॥		Kaahae Eaek Binaa Chith Laaeeai ||	Why center your consciousness on any other than the Lord?	(ਹੇ ਭਾਈ!) ਇਕ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਵਿਚ ਪ੍ਰੀਤਿ ਨਹੀਂ ਜੋੜਨੀ ਚਾਹੀਦੀ।
17443	379	ਊਠਤ ਬੈਠਤ ਸੋਵਤ ਜਾਗਤ ਸਦਾ ਸਦਾ ਹਰਿ ਧਿਆਈਐ॥੧॥ਰਹਾਉ॥		Oothath Baithath Sovath Jaagath Sadhaa Sadhaa Har Dhhiaaeeai ||1|| Rehaao ||	Sitting down, standing up, sleeping and waking, forever and ever, meditate on the Lord. ||1||Pause||	ਉਠਦਿਆਂ ਬੈਠਦਿਆਂ ਸੁੱਤਿਆਂ ਜਾਗਦਿਆਂ ਸਦਾ ਹੀ ਸਦਾ ਹੀ ਪਰਮਾਤਮਾ ਵਿਚ ਹੀ ਸੁਰਤਿ ਜੋੜੀ ਰੱਖਣੀ ਚਾਹੀਦੀ ਹੈ ॥੧॥ ਰਹਾਉ ॥
17444	379	ਮਹਾ ਬਚਿਤ੍ਰ ਸੁੰਦਰ ਆਖਾੜੇ ਰਣ ਮਹਿ ਜਿਤੇ ਪਵਾੜੇ॥	ਬਚਿੱਤ੍ਰ ਜਿੱਤੇ	Mehaa Bachithr Sundhar Aakhaarrae Ran Mehi Jithae Pavaarrae ||	He may have the most wondrous and beautiful arenas, and be victorious on the field of battle.	ਜੇ ਕੋਈ ਮਨੁੱਖ ਬੜੇ ਅਸਚਰਜ ਸੋਹਣੇ ਪਿੜ (ਭਾਵ, ਕੁਸ਼ਤੀਆਂ) ਜਿੱਤਦਾ ਹੈ ਜੇ ਉਹ ਰਣਭੂਮੀ ਵਿਚ ਜਾ ਕੇ (ਬੜੇ ਬੜੇ) ਝਗੜੇ-ਲੜਾਈਆਂ ਜਿੱਤ ਲੈਂਦਾ ਹੈ,

17445	380	ਹਉ ਮਾਰਉ ਹਉ ਬੰਧਉ ਛੋਡਉ ਮੁਖ ਤੇ ਏਵ ਬਬਾੜੇ॥	(ਬਬਾੜੇ)ਬਕਦਾ ਹੈ	Ho Maaro Ho Bandhho Shhoddo Mukh Thae Eaev Babaarrae ||	He may proclaim, ""I can kill anyone, I can capture anyone, and I can release anyone.""	ਤੇ ਆਪਣੇ ਮੂੰਹ ਇਉਂ ਵਾਹੀ-ਤਬਾਹੀ ਭੀ ਬੋਲਦਾ ਹੈ ਕਿ ਮੈਂ (ਆਪਣੇ ਵੈਰੀਆਂ ਨੂੰ) ਮਾਰ ਸਕਦਾ ਹਾਂ ਮੈਂ (ਉਹਨਾਂ ਨੂੰ) ਬੰਨ੍ਹ ਸਕਦਾ ਹਾਂ (ਤੇ ਜੇ ਜੀ ਚਾਹੇ ਤਾਂ ਉਹਨਾਂ ਨੂੰ ਕੈਦ ਤੋਂ) ਛੱਡ ਭੀ ਸਕਦਾ ਹਾਂ,
17446	380	ਆਇਆ ਹੁਕਮੁ ਪਾਰਬ੍ਰਹਮ ਕਾ ਛੋਡਿ ਚਲਿਆ ਏਕ ਦਿਹਾੜੇ॥੨॥		Aaeiaa Hukam Paarabreham Kaa Shhodd Chaliaa Eaek Dhihaarrae ||2||	But when the Order comes from the Supreme Lord God, he departs and leaves in a day. ||2||	(ਤਾਂ ਭੀ ਕੀਹ ਹੋਇਆ?) ਆਖ਼ਿਰ ਇਕ ਦਿਨ ਪਰਮਾਤਮਾ ਦਾ ਹੁਕਮ ਆਉਂਦਾ ਹੈ (ਮੌਤ ਆ ਜਾਂਦੀ ਹੈ, ਤੇ) ਇਹ ਸਭ ਕੁਝ ਛੱਡ ਕੇ ਇਥੋਂ ਤੁਰ ਪੈਂਦਾ ਹੈ ॥੨॥
17447	380	ਕਰਮ ਧਰਮ ਜੁਗਤਿ ਬਹੁ ਕਰਤਾ ਕਰਣੈਹਾਰੁ ਨ ਜਾਨੈ॥		Karam Dhharam Jugath Bahu Karathaa Karanaihaar N Jaanai ||	He may perform all sorts of religious rituals and good actions, but he does not know the Creator Lord, the Doer of all.	ਜੇ ਕੋਈ ਮਨੁੱਖ (ਹੋਰਨਾਂ ਨੂੰ ਵਿਖਾਣ ਲਈ) ਅਨੇਕਾਂ ਕਿਸਮਾਂ ਦੇ (ਮਿਥੇ ਹੋਏ) ਧਾਰਮਿਕ ਕੰਮ ਕਰਦਾ ਹੋਵੇ ਪਰ ਸਿਰਜਣਹਾਰ ਪ੍ਰਭੂ ਨਾਲ ਸਾਂਝ ਨਾਹ ਪਾਏ,
17448	380	ਉਪਦੇਸੁ ਕਰੈ ਆਪਿ ਨ ਕਮਾਵੈ ਤਤੁ ਸਬਦੁ ਨ ਪਛਾਨੈ॥		Oupadhaes Karai Aap N Kamaavai Thath Sabadh N Pashhaanai ||	He teaches, but does not practice what he preaches; he does not realize the essential reality of the Word of the Shabad.	ਜੇ ਹੋਰਨਾਂ ਨੂੰ ਤਾਂ (ਧਰਮ ਦਾ) ਉਪਦੇਸ਼ ਕਰਦਾ ਰਹੇ ਪਰ ਆਪਣਾ ਧਾਰਮਿਕ ਜੀਵਨ ਨਾਹ ਬਣਾਏ, ਤੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੀ ਬਾਣੀ ਦੀ ਸਾਰ ਨ ਸਮਝੇ,

17449	380	ਨਾਂਗਾ ਆਇਆ ਨਾਂਗੋ ਜਾਸੀ ਜਿਉ ਹਸਤੀ ਖਾਕੁ ਛਾਨੈ॥੩॥		Naangaa Aaeiaa Naango Jaasee Jio Hasathee Khaak Shhaanai ||3||	Naked he came, and naked he shall depart; he is like an elephant, throwing dust on himself. ||3||	ਤਾਂ ਉਹ ਖ਼ਾਲੀ-ਹੱਥ ਜਗਤ ਵਿਚ ਆਉਂਦਾ ਹੈ ਤੇ ਇਥੋਂ ਖ਼ਾਲੀ-ਹੱਥ ਹੀ ਤੁਰ ਪੈਂਦਾ ਹੈ (ਉਸ ਦੇ ਇਹ ਵਿਖਾਵੇ ਦੇ ਧਾਰਮਿਕ ਕੰਮ ਵਿਅਰਥ ਹੀ ਜਾਂਦੇ ਹਨ) ਜਿਵੇਂ ਹਾਥੀ (ਇਸ਼ਨਾਨ ਕਰ ਕੇ ਫਿਰ ਆਪਣੇ ਉਤੇ) ਮਿੱਟੀ ਪਾ ਲੈਂਦਾ ਹੈ ॥੩॥
17450	380	ਸੰਤ ਸਜਨ ਸੁਨਹੁ ਸਭਿ ਮੀਤਾ ਝੂਠਾ ਏਹੁ ਪਸਾਰਾ॥	ਸੱਜਨ	Santh Sajan Sunahu Sabh Meethaa Jhoothaa Eaehu Pasaaraa ||	O Saints, and friends, listen to me: all this world is false.	ਹੇ ਸੰਤ ਜਨੋ! ਹੇ ਸੱਜਣੋ! ਹੇ ਮਿੱਤਰੋ! ਸਾਰੇ ਸੁਣ ਲਵੋ, ਇਹ ਸਾਰਾ ਜਗਤ-ਖਿਲਾਰਾ ਨਾਸਵੰਤ ਹੈ।
17451	380	ਮੇਰੀ ਮੇਰੀ ਕਰਿ ਕਰਿ ਡੂਬੇ ਖਪਿ ਖਪਿ ਮੁਏ ਗਵਾਰਾ॥		Maeree Maeree Kar Kar Ddoobae Khap Khap Mueae Gavaaraa ||	Continually claiming, ""Mine, mine"", the mortals are drowned; the fools waste away and die.	ਜੇਹੜੇ ਮੂਰਖ ਨਿੱਤ ਇਹ ਆਖਦੇ ਰਹੇ ਕਿ ਇਹ ਮੇਰੀ ਮਾਇਆ ਹੈ ਇਹ ਮੇਰੀ ਜਾਇਦਾਦ ਹੈ ਉਹ (ਮਾਇਆ-ਮੋਹ ਦੇ ਸਮੁੰਦਰ ਵਿਚ) ਡੁੱਬੇ ਰਹੇ ਤੇ ਖ਼ੁਆਰ ਹੋ ਹੋ ਕੇ ਆਤਮਕ ਮੌਤ ਸਹੇੜਦੇ ਰਹੇ।

17452	380	ਗੁਰ ਮਿਲਿ ਨਾਨਕ ਨਾਮੁ ਧਿਆਇਆ ਸਾਚਿ ਨਾਮਿ ਨਿਸਤਾਰਾ॥੪॥੧॥੩੮॥		Gur Mil Naanak Naam Dhhiaaeiaa Saach Naam Nisathaaraa ||4||1||38||	Meeting the Guru, O Nanak, I meditate on the Naam, the Name of the Lord; through the True Name, I am emancipated. ||4||1||38||	ਹੇ ਨਾਨਕ! ਜਿਸ ਮਨੁੱਖ ਨੇ ਸਤਿਗੁਰੂ ਨੂੰ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਿਆ, ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜ ਕੇ (ਇਸ ਸੰਸਾਰ-ਸਮੁੰਦਰ ਤੋਂ) ਉਸ ਦਾ ਪਾਰ-ਉਤਾਰਾ ਹੋ ਗਿਆ ॥੪॥੧॥੩੮॥
17453	380	ਰਾਗੁ ਆਸਾ ਘਰੁ ੫ ਮਹਲਾ ੫		Raag Aasaa Ghar 5 Mehalaa 5	Raag Aasaa, Fifth House, Fifth Mehl:	ਰਾਗ ਆਸਾ, ਘਰ ੫ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
17454	380	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
17455	380	ਭ੍ਰਮ ਮਹਿ ਸੋਈ ਸਗਲ ਜਗਤ ਧੰਧ ਅੰਧ॥	ਜੱਗ-ਤ	Bhram Mehi Soee Sagal Jagath Dhhandhh Andhh ||	The whole world is asleep in doubt; it is blinded by worldly entanglements.	(ਹੇ ਭਾਈ!) ਜਗਤ ਦੇ ਧੰਧਿਆਂ ਵਿਚ ਅੰਨ੍ਹੀ ਹੋਈ ਹੋਈ ਸਾਰੀ ਲੁਕਾਈ ਮਾਇਆ ਦੀ ਭਟਕਣਾ ਵਿਚ ਸੁੱਤੀ ਹੋਈ ਹੈ।
17456	380	ਕੋਊ ਜਾਗੈ ਹਰਿ ਜਨੁ॥੧॥		Kooo Jaagai Har Jan ||1||	How rare is that humble servant of the Lord who is awake and aware. ||1||	ਕੋਈ ਵਿਰਲਾ ਪਰਮਾਤਮਾ ਦਾ ਭਗਤ (ਇਸ ਮੋਹ ਦੀ ਨੀਂਦ ਵਿਚੋਂ) ਜਾਗ ਰਿਹਾ ਹੈ ॥੧॥

17457	380	ਮਹਾ ਮੋਹਨੀ ਮਗਨ ਪ੍ਰਿਅ ਪ੍ਰੀਤਿ ਪ੍ਰਾਨ॥		Mehaa Mohanee Magan Pria Preeth Praan ||	The mortal is intoxicated with the great enticement of Maya, which is dearer to him than life.	(ਹੇ ਭਾਈ!) ਮਨ ਨੂੰ ਮੋਹ ਲੈਣ ਵਾਲੀ ਬਲੀ ਮਾਇਆ ਵਿਚ ਲੁਕਾਈ ਮਸਤ ਪਈ ਹੈ, (ਮਾਇਆ ਨਾਲ ਇਹ) ਪ੍ਰੀਤ ਜਿੰਦ ਨਾਲੋਂ ਭੀ ਪਿਆਰੀ ਲੱਗ ਰਹੀ ਹੈ।
17458	380	ਕੋਊ ਤਿਆਗੈ ਵਿਰਲਾ॥੨॥		Kooo Thiaagai Viralaa ||2||	How rare is the one who renounces it. ||2||	ਕੋਈ ਵਿਰਲਾ ਮਨੁੱਖ (ਮਾਇਆ ਦੀ ਇਸ ਪ੍ਰੀਤਿ ਨੂੰ) ਛੱਡਦਾ ਹੈ ॥੨॥
17459	380	ਚਰਨਕਮਲ ਆਨੂਪ ਹਰਿ ਸੰਤ ਮੰਤ॥		Charan Kamal Aanoop Har Santh Manth ||	The Lord's Lotus Feet are incomparably beautiful; so is the Mantra of the Saint.	(ਹੇ ਭਾਈ!) ਪਰਮਾਤਮਾ ਦੇ ਸੋਹਣੇ ਸੁੰਦਰ ਚਰਨਾਂ ਵਿਚ, ਸੰਤ ਜਨਾਂ ਦੇ ਉਪਦੇਸ਼ ਵਿਚ,
17460	380	ਕੋਊ ਲਾਗੈ ਸਾਧੂ॥੩॥		Kooo Laagai Saadhhoo ||3||	How rare is that holy person who is attached to them. ||3||	ਕੋਈ ਵਿਰਲਾ ਗੁਰਮੁਖਿ ਮਨੁੱਖ ਚਿੱਤ ਜੋੜਦਾ ਹੈ ॥੩॥
17461	380	ਨਾਨਕ ਸਾਧੂਸੰਗਿ ਜਾਗੇ ਗਿਆਨ ਰੰਗਿ॥		Naanak Saadhhoo Sang Jaagae Giaan Rang ||	O Nanak, in the Saadh Sangat, the Company of the Holy, the love of divine knowledge is awakened;	ਹੇ ਨਾਨਕ! ਗੁਰੂ ਦੀ ਸੰਗਤਿ ਵਿਚ ਆ ਕੇ (ਗੁਰੂ ਦੇ ਬਖ਼ਸ਼ੇ) ਗਿਆਨ ਦੇ ਰੰਗ ਵਿਚ (ਰੰਗੀਜ ਕੇ, ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਓਹੋ ਜਾਗਦਾ ਰਹਿੰਦਾ ਹੈ,
17462	380	ਵਡਭਾਗੇ ਕਿਰਪਾ॥੪॥੧॥੩੯॥		Vaddabhaagae Kirapaa ||4||1||39||	The Lord's Mercy is bestowed upon those who are blessed with such good destiny. ||4||1||39||	ਜਿਸ ਭਾਗਾਂ ਵਾਲਾ ਮਨੁੱਖ ਉਤੇ ਪ੍ਰਭੂ ਦੀ ਕਿਰਪਾ ਹੋ ਜਾਏ ॥੪॥੧॥੩੯॥

17463	380	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
17464	380	ਰਾਗੁ ਆਸਾ ਘਰੁ ੬ ਮਹਲਾ ੫॥		Raag Aasaa Ghar 6 Mehalaa 5 ||	Raag Aasaa, Sixth House, Fifth Mehl:	ਰਾਗ ਆਸਾ, ਘਰ ੬ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
17465	380	ਜੋ ਤੁਧੁ ਭਾਵੈ ਸੋ ਪਰਵਾਨਾ ਸੂਖੁ ਸਹਜੁ ਮਨਿ ਸੋਈ॥		Jo Thudhh Bhaavai So Paravaanaa Sookh Sehaj Man Soee ||	Whatever pleases You is acceptable to me; that alone brings peace and ease to my mind.	ਹੇ ਪ੍ਰਭੂ! ਜੋ ਕੁਝ ਤੈਨੂੰ ਚੰਗਾ ਲੱਗਦਾ ਹੈ ਉਹ ਤੇਰੇ ਸੇਵਕਾਂ ਨੂੰ (ਸਿਰ-ਮੱਥੇ ਉੱਤੇ) ਪਰਵਾਨ ਹੁੰਦਾ ਹੈ, ਤੇਰੀ ਰਜ਼ਾ ਹੀ ਉਹਨਾਂ ਦੇ ਮਨ ਵਿਚ ਆਨੰਦ ਤੇ ਆਤਮਕ ਅਡੋਲਤਾ ਪੈਦਾ ਕਰਦੀ ਹੈ।
17466	380	ਕਰਣ ਕਾਰਣ ਸਮਰਥ ਅਪਾਰਾ ਅਵਰੁ ਨਾਹੀ ਰੇ ਕੋਈ॥੧॥	ਸਮਰੱਥ	Karan Kaaran Samarathh Apaaraa Avar Naahee Rae Koee ||1||	You are the Doer, the Cause of causes, All-powerful and Infinite; there is none other than You. ||1||	ਹੇ ਪ੍ਰਭੂ! ਤੈਨੂੰ ਹੀ ਤੇਰੇ ਦਾਸ ਸਭ ਕੁਝ ਕਰਨ ਅਤੇ ਜੀਵਾਂ ਪਾਸੋਂ ਕਰਾਣ ਦੀ ਤਾਕਤ ਰੱਖਣ ਵਾਲਾ ਮੰਨਦੇ ਹਨ, ਤੂੰ ਹੀ ਉਹਨਾਂ ਦੀ ਨਿਗਾਹ ਵਿਚ ਬੇਅੰਤ ਹੈਂ। ਹੇ ਭਾਈ! ਪਰਮਾਤਮਾ ਦੇ ਦਾਸਾਂ ਨੂੰ ਪਰਮਾਤਮਾ ਦੇ ਬਰਾਬਰ ਦਾ ਹੋਰ ਕੋਈ ਨਹੀਂ ਦਿੱਸਦਾ ॥੧॥
17467	380	ਤੇਰੇ ਜਨ ਰਸਕਿ ਰਸਕਿ ਗੁਣ ਗਾਵਹਿ॥	(ਰਸਕਿ) ਰਸੇ ਹੋਏ	Thaerae Jan Rasak Rasak Gun Gaavehi ||	Your humble servants sing Your Glorious Praises with enthusiasm and love.	(ਹੇ ਪ੍ਰਭੂ!) ਤੇਰੇ ਦਾਸ ਮੁੜ ਮੁੜ ਸੁਆਦ ਨਾਲ ਤੇਰੇ ਗੁਣ ਗਾਂਦੇ ਰਹਿੰਦੇ ਹਨ।

17468	380	ਮਸਲਤਿ ਮਤਾ ਸਿਆਣਪ ਜਨ ਕੀ ਜੋ ਤੂੰ ਕਰਹਿ ਕਰਾਵਹਿ॥੧॥ਰਹਾਉ ॥	(ਮਸਲਤਿ) ਸਲਾਹ। (ਮਤਾ) ਫੈਸਲਾ	Masalath Mathaa Siaanap Jan Kee Jo Thoon Karehi Karaavehi ||1|| Rehaao ||	That alone is good advice, wisdom and cleverness for Your humble servant, which You do or cause to be done. ||1||Pause||	ਜੋ ਕੁਝ ਤੂੰ ਆਪ ਕਰਦਾ ਹੈਂ ਜੋ ਕੁਝ ਜੀਵਾਂ ਪਾਸੋਂ ਕਰਾਂਦਾ ਹੈਂ (ਉਸ ਨੂੰ ਸਿਰ-ਮੱਥੇ ਤੇ ਮੰਨਣਾ ਹੀ) ਤੇਰੇ ਦਾਸਾਂ ਵਾਸਤੇ ਸਿਆਣਪ ਹੈ (ਆਤਮਕ ਜੀਵਨ ਦੀ ਅਗਵਾਈ ਲਈ) ਸਲਾਹ-ਮਸ਼ਵਰਾ ਤੇ ਫ਼ੈਸਲਾ ਹੈ ॥੧॥ ਰਹਾਉ ॥
17469	380	ਅੰਮ੍ਰਿਤੁ ਨਾਮੁ ਤੁਮਾਰਾ ਪਿਆਰੇ ਸਾਧਸੰਗਿ ਰਸੁ ਪਾਇਆ॥		Anmrith Naam Thumaaraa Piaarae Saadhhasang Ras Paaeiaa ||	Your Name is Ambrosial Nectar, O Beloved Lord; in the Saadh Sangat, the Company of the Holy, I have obtained its sublime essence.	ਹੇ ਪਿਆਰੇ ਪ੍ਰਭੂ! ਤੇਰੇ ਦਾਸਾਂ ਵਾਸਤੇ ਤੇਰਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ, ਸਾਧ ਸੰਗਤਿ ਵਿਚ ਬੈਠ ਕੇ ਉਹ (ਤੇਰੇ ਨਾਮ ਦਾ) ਰਸ ਮਾਣਦੇ ਹਨ।
17470	380	ਤ੍ਰਿਪਤਿ ਅਘਾਇ ਸੇਈ ਜਨ ਪੂਰੇ ਸੁਖ ਨਿਧਾਨੁ ਹਰਿ ਗਾਇਆ॥੨॥		Thripath Aghaae Saeee Jan Poorae Sukh Nidhhaan Har Gaaeiaa ||2||	Those humble beings are satisfied and fulfilled, singing the Praises of the Lord, the treasure of peace. ||2||	(ਹੇ ਭਾਈ!) ਜਿਨ੍ਹਾਂ ਨੇ ਸੁਖਾਂ ਦੇ ਖ਼ਜ਼ਾਨੇ ਹਰੀ ਦੀ ਸਿਫ਼ਤਿ-ਸਾਲਾਹ ਕੀਤੀ ਉਹ ਮਨੁੱਖ ਗੁਣਾਂ ਨਾਲ ਭਰਪੂਰ ਹੋ ਗਏ ਉਹੀ ਮਨੁੱਖ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਗਏ ਤ੍ਰਿਪਤ ਹੋ ਗਏ ॥੨॥
17471	380	ਜਾ ਕਉ ਟੇਕ ਤੁਮ੍ਹਾਰੀ ਸੁਆਮੀ ਤਾ ਕਉ ਨਾਹੀ ਚਿੰਤਾ॥		Jaa Ko Ttaek Thumhaaree Suaamee Thaa Ko Naahee Chinthaa ||	One who has Your Support, O Lord Master, is not afflicted by anxiety.	ਹੇ ਪ੍ਰਭੂ! ਹੇ ਸੁਆਮੀ! ਜਿਨ੍ਹਾਂ ਮਨੁੱਖਾਂ ਨੂੰ ਤੇਰਾ ਆਸਰਾ ਹੈ ਉਹਨਾਂ ਨੂੰ ਕੋਈ ਚਿੰਤਾ ਪੋਹ ਨਹੀਂ ਸਕਦੀ।

17472	380	ਜਾ ਕਉ ਦਇਆ ਤੁਮਾਰੀ ਹੋਈ ਸੇ ਸਾਹ ਭਲੇ ਭਗਵੰਤਾ॥੩॥		Jaa Ko Dhaeiaa Thumaaree Hoee Sae Saah Bhalae Bhagavanthaa ||3||	One who is blessed by Your Kind Mercy, is the best, the most fortunate king. ||3||	ਹੇ ਸੁਆਮੀ! ਜਿਨ੍ਹਾਂ ਉਤੇ ਤੇਰੀ ਮੇਹਰ ਹੁੰਦੀ ਹੈ ਉਹ (ਨਾਮ-ਧਨ ਨਾਲ) ਸਾਹੂਕਾਰ ਬਣ ਗਏ ਉਹ ਭਾਗਾਂ ਵਾਲੇ ਬਣ ਗਏ ॥੩॥
17473	380	ਭਰਮ ਮੋਹ ਧ੍ਰੋਹ ਸਭਿ ਨਿਕਸੇ ਜਬ ਕਾ ਦਰਸਨੁ ਪਾਇਆ॥	(ਧ੍ਰੋਹ) ਠੱਗੀ	Bharam Moh Dhhroh Sabh Nikasae Jab Kaa Dharasan Paaeiaa ||	Doubt, attachment, and deceit have all disappeared, since I obtained the Blessed Vision of Your Darshan.	ਹੇ ਨਾਨਕ! (ਆਖ-) ਜਦੋਂ ਹੀ ਕੋਈ ਮਨੁੱਖ ਪਰਮਾਤਮਾ ਦਾ ਦਰਸ਼ਨ ਕਰ ਲੈਂਦਾ ਹੈ (ਉਸ ਦੇ ਅੰਦਰੋਂ) ਭਟਕਣਾ ਮੋਹ, ਠੱਗੀਆਂ ਆਦਿਕ ਸਾਰੇ ਵਿਕਾਰ ਨਿਕਲ ਜਾਂਦੇ ਹਨ।
17474	380	ਵਰਤਣਿ ਨਾਮੁ ਨਾਨਕ ਸਚੁ ਕੀਨਾ ਹਰਿ ਨਾਮੇ ਰੰਗਿ ਸਮਾਇਆ॥੪॥੧॥੪੦॥		Varathan Naam Naanak Sach Keenaa Har Naamae Rang Samaaeiaa ||4||1||40||	Dealing in the Naam, O Nanak, we become truthful, and in the Love of the Lord's Name, we are absorbed. ||4||1 | 40||	ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਾਮਤਮਾ ਦੇ ਨਾਮ ਨੂੰ ਆਪਣੀ ਰੋਜ਼ ਦੀ ਵਰਤਣ ਬਣਾ ਲੈਂਦਾ ਹੈ, ਉਹ ਪ੍ਰਭੂ ਦੇ ਪ੍ਰੇਮ-ਰੰਗ ਵਿਚ (ਰੰਗੀਜ ਕੇ) ਪਰਮਾਤਮਾ ਦੇ ਨਾਮ ਵਿਚ ਹੀ ਲੀਨ ਰਹਿੰਦਾ ਹੈ ॥੪॥੧॥੪੦॥
17475	380	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

17476	380	ਜਨਮ ਜਨਮ ਕੀ ਮਲੁ ਧੋਵੈ ਪਰਾਈ ਆਪਣਾ ਕੀਤਾ ਪਾਵੈ॥		Janam Janam Kee Mal Dhhovai Paraaee Aapanaa Keethaa Paavai ||	He washes off the filth of other peoples' incarnations, but he obtains the rewards of his own actions.	(ਨਿੰਦਕ) ਦੂਜਿਆਂ ਦੀ ਅਨੇਕਾਂ ਜਨਮਾਂ ਦੇ ਕੀਤੇ ਵਿਕਾਰਾਂ ਦੀ ਮੈਲ ਧੋਂਦਾ ਹੈ (ਤੇ ਉਹ ਮੈਲ ਉਹ ਆਪਣੇ ਮਨ ਦੇ ਅੰਦਰ ਸੰਸਕਾਰਾਂ ਦੇ ਰੂਪ ਵਿਚ ਇਕੱਠੀ ਕਰ ਲੈਂਦਾ ਹੈ, ਇਸ ਤਰ੍ਹਾਂ ਉਹ) ਆਪਣੇ ਕੀਤੇ ਕਰਮਾਂ ਦਾ ਮੰਦਾ ਫਲ ਆਪ ਹੀ ਭੋਗਦਾ ਹੈ।
17477	380	ਈਹਾ ਸੁਖੁ ਨਹੀ ਦਰਗਹ ਢੋਈ ਜਮਪੁਰਿ ਜਾਇ ਪਚਾਵੈ॥੧॥	(ਪਚਾਵੈ) ਸੜਦਾ	Eehaa Sukh Nehee Dharageh Dtoee Jam Pur Jaae Pachaavai ||1||	He has no peace in this world, and he has no place in the Court of the Lord. In the City of Death, he is tortured. ||1||	(ਨਿੰਦਾ ਦੇ ਕਾਰਨ ਉਸ ਨੂੰ) ਇਸ ਲੋਕ ਵਿਚ ਸੁਖ ਨਹੀਂ ਮਿਲਦਾ, ਪਰਮਾਤਮਾ ਦੀ ਹਜ਼ੂਰੀ ਵਿਚ ਭੀ ਉਸ ਨੂੰ ਆਦਰ ਦੀ ਥਾਂ ਨਹੀਂ ਮਿਲਦੀ, ਉਹ ਨਰਕ ਵਿਚ ਅੱਪੜ ਕੇ ਦੁਖੀ ਹੁੰਦਾ ਰਹਿੰਦਾ ਹੈ ॥੧॥
17478	380	ਨਿੰਦਕਿ ਅਹਿਲਾ ਜਨਮੁ ਗਵਾਇਆ॥	(ਅਹਿਲਾ) ਕੀਮਤੀ	Nindhak Ahilaa Janam Gavaaeiaa ||	The slanderer loses his life in vain.	(ਹੇ ਭਾਈ!) ਸੰਤਾਂ ਦੀ ਨਿੰਦਾ ਕਰਨ ਵਾਲੇ ਮਨੁੱਖ ਨੇ (ਨਿੰਦਾ ਦੇ ਕਾਰਨ ਆਪਣਾ) ਕੀਮਤੀ ਮਨੁੱਖਾ ਜਨਮ ਗਵਾ ਲਿਆ।

17479	380	ਪਹੁਚਿ ਨ ਸਾਕੈ ਕਾਹੂ ਬਾਤੈ ਆਗੈ ਠਉਰ ਨ ਪਾਇਆ॥੧॥ਰਹਾਉ ॥		Pahuch N Saakai Kaahoo Baathai Aagai Thour N Paaeiaa ||1|| Rehaao ||	He cannot succeed in anything, and in the world hereafter, he finds no place at all. ||1||Pause||	(ਸੰਤਾਂ ਦੀ ਨਿੰਦਾ ਕਰ ਕੇ ਉਹ ਇਹ ਆਸ ਕਰਦਾ ਹੈ ਕਿ ਉਹਨਾਂ ਨੂੰ ਦੁਨੀਆ ਦੀਆਂ ਨਜ਼ਰਾਂ ਵਿਚ ਡੇਗ ਕੇ ਮੈਂ ਉਹਨਾਂ ਦੇ ਥਾਂ ਆਦਰ-ਸਤਕਾਰ ਹਾਸਲ ਕਰ ਲਵਾਂਗਾ, ਪਰ ਉਹ ਨਿੰਦਕ) ਕਿਸੇ ਗੱਲੇ ਭੀ (ਸੰਤ ਜਨਾਂ) ਦੀ ਬਰਾਬਰੀ ਨਹੀਂ ਕਰ ਸਕਦਾ, (ਨਿੰਦਾ ਦੇ ਕਾਰਨ) ਅਗਾਂਹ ਪਰਲੋਕ ਵਿਚ ਭੀ ਉਸ ਨੂੰ ਆਦਰ ਦੀ ਥਾਂ ਨਹੀਂ ਮਿਲਦੀ ॥੧॥ ਰਹਾਉ ॥
17480	380	ਕਿਰਤੁ ਪਇਆ ਨਿੰਦਕ ਬਪੁਰੇ ਕਾ ਕਿਆ ਓਹੁ ਕਰੈ ਬਿਚਾਰਾ॥	(ਬਪੁਰੇ) ਵਿਚਾਰੇ	Kirath Paeiaa Nindhak Bapurae Kaa Kiaa Ouhu Karai Bichaaraa ||	Such is the fate of the wretched slanderer - what can the poor creature do?	ਪਰ ਨਿੰਦਕ ਦੇ ਭੀ ਵੱਸ ਦੀ ਗੱਲ ਨਹੀਂ (ਉਹ ਨਿੰਦਾ ਦੇ ਮੰਦ ਕਰਮ ਤੋਂ ਹਟ ਨਹੀਂ ਸਕਦਾ, ਕਿਉਂਕਿ) ਪਿਛਲੇ ਜਨਮਾਂ ਵਿਚ ਕੀਤੇ ਕਰਮਾਂ ਦੇ ਸੰਸਕਾਰ ਉਸ ਮੰਦ-ਭਾਗੀ ਨਿੰਦਕ ਦੇ ਪੱਲੇ ਪੈ ਜਾਂਦੇ ਹਨ (ਉਸ ਦੇ ਅੰਦਰ ਜਾਗ ਪੈਂਦੇ ਹਨ ਤੇ ਉਸ ਨੂੰ ਨਿੰਦਾ ਵਲ ਪ੍ਰੇਰਦੇ ਹਨ)।

17481	380	ਤਹਾ ਬਿਗੂਤਾ ਜਹ ਕੋਇ ਨ ਰਾਖੈ ਓਹੁ ਕਿਸੁ ਪਹਿ ਕਰੇ ਪੁਕਾਰਾ॥੨॥		Thehaa Bigoothaa Jeh Koe N Raakhai Ouhu Kis Pehi Karae Pukaaraa ||2||	He is ruined there, where no one can protect him; with whom should he lodge his complaint? ||2||	ਨਿੰਦਕ ਅਜੇਹੀ ਨਿੱਘਰੀ ਹੋਈ ਆਤਮਕ ਦਸ਼ਾ ਵਿਚ ਖ਼ੁਆਰ ਹੁੰਦਾ ਰਹਿੰਦਾ ਹੈ ਕਿ ਉਥੇ (ਭਾਵ, ਉਸ ਨਿੱਘਰੀ ਦਸ਼ਾ ਵਿਚੋਂ ਕੱਢਣ ਲਈ) ਕੋਈ ਉਸ ਦੀ ਮਦਦ ਨਹੀਂ ਕਰ ਸਕਦਾ। ਸਹਾਇਤਾ ਵਾਸਤੇ ਉਹ ਕਿਸੇ ਕੋਲ ਪੁਕਾਰ ਕਰਨ ਜੋਗਾ ਭੀ ਨਹੀਂ ਰਹਿੰਦਾ ॥੨॥
17482	381	ਨਿੰਦਕ ਕੀ ਗਤਿ ਕਤਹੂੰ ਨਾਹੀ ਖਸਮੈ ਏਵੈ ਭਾਣਾ॥		Nindhak Kee Gath Kathehoon Naahee Khasamai Eaevai Bhaanaa ||	The slanderer shall never attain emancipation; this is the Will of the Lord and Master.	ਖਸਮ-ਪ੍ਰਭੂ ਦੀ ਰਜ਼ਾ ਇਉਂ ਹੀ ਹੈ ਕਿ (ਸੰਤ ਜਨਾਂ ਦੀ) ਨਿੰਦਾ ਕਰਨ ਵਾਲੇ ਮਨੁੱਖ ਨੂੰ ਕਿਤੇ ਭੀ ਉੱਚੀ ਆਤਮਕ ਅਵਸਥਾ ਪ੍ਰਾਪਤ ਨਹੀਂ ਹੋ ਸਕਦੀ (ਕਿਉਂਕਿ ਉਹ ਉੱਚੀ ਆਤਮਕ ਅਵਸਥਾ ਵਾਲਿਆਂ ਦੀ ਤਾਂ ਸਦਾ ਨਿੰਦਾ ਕਰਦਾ ਹੈ।
17483	381	ਜੋ ਜੋ ਨਿੰਦ ਕਰੇ ਸੰਤਨ ਕੀ ਤਿਉ ਸੰਤਨ ਸੁਖੁ ਮਾਨਾ॥੩॥		Jo Jo Nindh Karae Santhan Kee Thio Santhan Sukh Maanaa ||3||	The more the Saints are slandered, the more they dwell in peace. ||3||	ਦੂਜੇ ਪਾਸੇ) ਜਿਉਂ ਜਿਉਂ ਕੋਈ ਮਨੁੱਖ ਸੰਤ ਜਨਾਂ ਦੀ ਨਿੰਦਾ ਕਰਦਾ ਹੈ (ਉਕਾਈਆਂ ਨਸ਼ਰ ਕਰਦਾ ਹੈ) ਤਿਉਂ ਤਿਉਂ ਸੰਤ ਜਨ ਇਸ ਵਿਚ ਸੁਖ ਪ੍ਰਤੀਤ ਕਰਦੇ ਹਨ (ਉਹਨਾਂ ਨੂੰ ਆਪਣੇ ਆਤਮਕ ਜੀਵਨ ਦੀ ਪੜਤਾਲ ਕਰਨ ਦਾ ਮੌਕਾ ਮਿਲਦਾ ਰਹਿੰਦਾ ਹੈ) ॥੩॥

17484	381	ਸੰਤਾ ਟੇਕ ਤੁਮਾਰੀ ਸੁਆਮੀ ਤੂੰ ਸੰਤਨ ਕਾ ਸਹਾਈ॥		Santhaa Ttaek Thumaaree Suaamee Thoon Santhan Kaa Sehaaee ||	The Saints have Your Support, O Lord and Master; You are the Saints' Help and Support.	ਹੇ ਮਾਲਕ-ਪ੍ਰਭੂ! ਤੇਰੇ ਸੰਤਾਂ ਨੂੰ (ਜੀਵਨ-ਅਗਵਾਈ ਵਾਸਤੇ) ਸਦਾ ਤੇਰਾ ਆਸਰਾ ਰਹਿੰਦਾ ਹੈ, ਤੂੰ (ਸੰਤਾਂ ਦਾ ਜੀਵਨ ਉੱਚਾ ਕਰਨ ਵਿਚ) ਮਦਦਗਾਰ ਭੀ ਬਣਦਾ ਹੈਂ।
17485	381	ਕਹੁ ਨਾਨਕ ਸੰਤ ਹਰਿ ਰਾਖੇ ਨਿੰਦਕ ਦੀਏ ਰੁੜਾਈ॥੪॥੨॥੪੧॥	ਰੁੜ੍ਹਾਈ	Kahu Naanak Santh Har Raakhae Nindhak Dheeeae Rurraaee ||4||2||41||	Says Nanak, the Saints are saved by the Lord; the slanderers are drowned in the deep. ||4||2||41||	ਨਾਨਕ ਆਖਦਾ ਹੈ- (ਉਸ ਨਿੰਦਾ ਦੀ ਬਰਕਤਿ ਨਾਲ) ਸੰਤਾਂ ਨੂੰ ਤਾਂ ਪਰਮਾਤਮਾ (ਮੰਦ ਕਰਮਾਂ ਤੋਂ) ਬਚਾਈ ਰੱਖਦਾ ਹੈ ਪਰ ਨਿੰਦਾ ਕਰਨ ਵਾਲਿਆਂ ਨੂੰ (ਉਹਨਾਂ ਦੇ ਨਿੰਦਾ ਦੇ ਹੜ ਵਿਚ) ਰੋੜ੍ਹ ਦੇਂਦਾ ਹੈ (ਉਹਨਾਂ ਦੇ ਆਤਮਕ ਜੀਵਨ ਨੂੰ ਨਿੰਦਾ ਦੇ ਹੜ ਵਿਚ ਰੋੜ੍ਹ ਕੇ ਮੁਕਾ ਦੇਂਦਾ ਹੈ) ॥੪॥੨॥੪੧॥
17486	381	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17487	381	ਬਾਹਰੁ ਧੋਇ ਅੰਤਰੁ ਮਨੁ ਮੈਲਾ ਦੁਇ ਠਉਰ ਅਪੁਨੇ ਖੋਏ॥		Baahar Dhhoe Anthar Man Mailaa Dhue Thour Apunae Khoeae ||	He washes outwardly, but within, his mind is filthy; thus he loses his place in both worlds.	ਜੇਹੜਾ ਮਨੁੱਖ (ਤੀਰਥ ਆਦਿਕਾਂ ਤੇ ਨਿਰਾ) ਪਿੰਡਾ ਧੋ ਕੇ ਅੰਦਰਲਾ ਮਨ (ਵਿਕਾਰਾਂ ਨਾਲ) ਮੈਲਾ ਹੀ ਰੱਖਦਾ ਹੈ ਉਹ ਲੋਕ ਪਰਲੋਕ ਆਪਣੇ ਦੋਵੇਂ ਥਾਂ ਗਵਾ ਲੈਂਦਾ ਹੈ।

17488	381	ਈਹਾ ਕਾਮਿ ਕ੍ਰੋਧਿ ਮੋਹਿ ਵਿਆਪਿਆ ਆਗੈ ਮੁਸਿ ਮੁਸਿ ਰੋਏ॥੧॥	(ਮੁਸਿ ਮੁਸਿ) ਹਟਕੋਰੇ ਲੈ ਲੈ	Eehaa Kaam Krodhh Mohi Viaapiaa Aagai Mus Mus Roeae ||1||	Here, he is engrossed in sexual desire, anger and emotional attachment; hereafter, he shall sigh and weep. ||1||	ਇਸ ਲੋਕ ਵਿਚ ਰਹਿੰਦਿਆਂ ਕਾਮ-ਵਾਸ਼ਨਾ ਵਿਚ, ਕ੍ਰੋਧ ਵਿਚ, ਮੋਹ ਵਿਚ, ਫਸਿਆ ਰਹਿੰਦਾ ਹੈ, ਅਗਾਂਹ ਪਰਲੋਕ ਵਿਚ ਜਾ ਕੇ ਹਟਕੋਰੇ ਲੈ ਲੈ ਰੋਂਦਾ ਹੈ ॥੧॥
17489	381	ਗੋਵਿੰਦ ਭਜਨ ਕੀ ਮਤਿ ਹੈ ਹੋਰਾ॥	(ਹੋਰਾ) ਹੋਰ	Govindh Bhajan Kee Math Hai Horaa ||	The way to vibrate and meditate on the Lord of the Universe is different.	(ਹੇ ਭਾਈ!) ਪਰਮਾਤਮਾ ਦਾ ਭਜਨ ਕਰਨ ਵਾਲੀ ਅਕਲ ਹੋਰ ਕਿਸਮ ਦੀ ਹੁੰਦੀ ਹੈ (ਉਸ ਵਿਚ ਵਿਖਾਵਾ ਨਹੀਂ ਹੁੰਦਾ)।
17490	381	ਵਰਮੀ ਮਾਰੀ ਸਾਪੁ ਨ ਮਰਈ ਨਾਮੁ ਨ ਸੁਨਈ ਡੋਰਾ॥੧॥ਰਹਾਉ॥	(ਡੋਰਾ) ਬੋਲ਼ਾ। ਮ-ਰਈ। ਸੁ-ਨਈ	Varamee Maaree Saap N Maree Naam N Sunee Ddoraa ||1|| Rehaao ||	Destroying the snake-hole, the snake is not killed; the deaf person does not hear the Lord's Name. ||1||Pause||	ਜੇ ਮਨੁੱਖ ਪਰਮਾਤਮਾ ਦਾ ਨਾਮ ਨਹੀਂ ਸੁਣਦਾ, ਜੇ ਨਾਮ ਵਲੋਂ ਬੋਲਾ ਰਹਿੰਦਾ ਹੈ (ਤਾਂ ਬਾਹਰਲੇ ਧਾਰਮਕ ਕਰਮ ਇਉਂ ਹੀ ਹਨ ਜਿਵੇਂ ਸੱਪ ਨੂੰ ਮਾਰਨ ਦੇ ਥਾਂ ਸੱਪ ਦੀ ਖੁੱਡ ਨੂੰ ਕੁੱਟੀ ਜਾਣਾ), ਪਰ ਜੇ ਖੁੱਡ ਨੂੰ ਕੁੱਟਦੇ ਜਾਈਏ ਤਾਂ ਇਸ ਤਰ੍ਹਾਂ ਸੱਪ ਨਹੀਂ ਮਰਦਾ (ਬਾਹਰਲੇ ਕਰਮਾਂ ਨਾਲ ਮਨ ਵੱਸ ਵਿਚ ਨਹੀਂ ਆਉਂਦਾ) ॥੧॥ ਰਹਾਉ ॥
17491	381	ਮਾਇਆ ਕੀ ਕਿਰਤਿ ਛੋਡਿ ਗਵਾਈ ਭਗਤੀ ਸਾਰ ਨ ਜਾਨੈ॥		Maaeiaa Kee Kirath Shhodd Gavaaee Bhagathee Saar N Jaanai ||	He renounces the affairs of Maya, but he does not appreciate the value of devotional worship.	(ਜਿਸ ਮਨੁੱਖ ਨੇ ਤਿਆਗ ਦੇ ਭੁਲੇਖੇ ਵਿਚ ਆਜੀਵਕਾ ਖ਼ਾਤਰ) ਮਾਇਆ ਕਮਾਣ ਦਾ ਉੱਦਮ ਛੱਡ ਦਿੱਤਾ ਉਹ ਭਗਤੀ ਦੀ ਕਦਰ ਭੀ ਨਹੀਂ ਜਾਣਦਾ,

17492	381	ਬੇਦ ਸਾਸਤ੍ਰ ਕਉ ਤਰਕਨਿ ਲਾਗਾ ਤਤੁ ਜੋਗੁ ਨ ਪਛਾਨੈ॥੨॥		Baedh Saasathr Ko Tharakan Laagaa Thath Jog N Pashhaanai ||2||	He finds fault with the Vedas and the Shaastras, and does not know the essence of Yoga. ||2||	ਜੇਹੜਾ ਮਨੁੱਖ ਵੇਦ ਸ਼ਾਸਤਰ ਆਦਿਕ ਧਰਮ-ਪੁਸਤਕਾਂ ਨੂੰ ਸਿਰਫ਼ ਬਹਸਾਂ ਵਿਚ ਹੀ ਵਰਤਣਾ ਸ਼ੁਰੂ ਕਰ ਦੇਂਦਾ ਹੈ ਉਹ (ਆਤਮਕ ਜੀਵਨ ਦੀ) ਅਸਲੀਅਤ ਨਹੀਂ ਸਮਝਦਾ, ਉਹ ਪਰਮਾਤਮਾ ਦਾ ਮਿਲਾਪ ਨਹੀਂ ਸਮਝਦਾ ॥੨॥
17493	381	ਉਘਰਿ ਗਇਆ ਜੈਸਾ ਖੋਟਾ ਢਬੂਆ ਨਦਰਿ ਸਰਾਫਾ ਆਇਆ॥	(ਢਬੂਆ) ਪੈਸਾ। ਉ-ਘਰਿ ਢਬੂਆ:ਪੋਲੇ ਬੋਲੋ। ਸਰਾਫਾਂ	Oughar Gaeiaa Jaisaa Khottaa Dtabooaa Nadhar Saraafaa Aaeiaa ||	He stands exposed, like a counterfeit coin, when inspected by the Lord, the Assayer.	ਜਿਵੇਂ ਜਦੋਂ ਕੋਈ ਖੋਟਾ ਰੁਪਇਆ ਸਰਾਫ਼ਾਂ ਦੀ ਨਜ਼ਰੇ ਪੈਂਦਾ ਹੈ ਤਾਂ ਉਸ ਦਾ ਖੋਟ ਪਰਤੱਖ ਦਿੱਸ ਪੈਂਦਾ ਹੈ;
17494	381	ਅੰਤਰਜਾਮੀ ਸਭੁ ਕਿਛੁ ਜਾਨੈ ਉਸ ਤੇ ਕਹਾ ਛਪਾਇਆ॥੩॥		Antharajaamee Sabh Kishh Jaanai Ous Thae Kehaa Shhapaaeiaa ||3||	The Inner-knower, the Searcher of hearts, knows everything; how can we hide anything from Him? ||3||	(ਤਿਵੇਂ ਜੇਹੜਾ ਮਨੁੱਖ ਅੰਦਰੋਂ ਤਾਂ ਵਿਕਾਰੀ ਹੈ, ਪਰ ਬਾਹਰੋਂ ਧਾਰਮਿਕ ਭੇਖੀ) ਉਹ ਪਰਮਾਤਮਾ ਪਾਸੋਂ (ਆਪਣਾ ਅੰਦਰਲਾ ਖੋਟ) ਲੁਕਾ ਨਹੀਂ ਸਕਦਾ, ਹਰੇਕ ਦੇ ਦਿਲ ਦੀ ਜਾਣਨ ਵਾਲਾ ਪਰਮਾਤਮਾ ਉਸ ਦੀ ਹਰੇਕ ਕਰਤੂਤ ਨੂੰ ਜਾਣਦਾ ਹੈ ॥੩॥

17495	381	ਕੂੜਿ ਕਪਟਿ ਬੰਚਿ ਨਿੰਮੁਨੀਆਦਾ ਬਿਨਸਿ ਗਇਆ ਤਤਕਾਲੇ॥	(ਬੰਚਿ) ਠੱਗ ਕੇ। (ਨਿੰ-ਮੁਨੀ-ਆਦਾ) ਮੁਨਿਆਦ (ਨਿੰ) ਬਿਨਾ	Koorr Kapatt Banch Ninmuneeaadhaa Binas Gaeiaa Thathakaalae ||	Through falsehood, fraud and deceit, the mortal collapses in an instant - he has no foundation at all.	ਮਨੁੱਖ ਦੀ ਇਸ ਜਗਤ ਵਿਚ ਚਾਰ-ਰੋਜ਼ਾ ਜ਼ਿੰਦਗੀ ਹੈ ਪਰ ਇਹ ਮਾਇਆ ਦੇ ਮੋਹ ਵਿਚ ਠੱਗੀ-ਫ਼ਰੇਬ ਵਿਚ ਆਤਮਕ ਜੀਵਨ ਲੁਟਾ ਕੇ ਬੜੀ ਛੇਤੀ ਆਤਮਕ ਮੌਤੇ ਮਰ ਜਾਂਦਾ ਹੈ।
17496	381	ਸਤਿ ਸਤਿ ਸਤਿ ਨਾਨਕਿ ਕਹਿਆ ਅਪਨੈ ਹਿਰਦੈ ਦੇਖੁ ਸਮਾਲੇ॥੪॥੩॥੪੨॥		Sath Sath Sath Naanak Kehiaa Apanai Hiradhai Dhaekh Samaalae ||4||3||42||	Truly, truly, truly, Nanak speaks; look within your own heart, and realize this. ||4||3||42||	ਹੇ ਭਾਈ! ਨਾਨਕ ਨੇ ਇਹ ਗੱਲ ਯਕੀਨੀ ਤੌਰ ਤੇ ਸੱਚ ਕਹੀ ਹੈ ਕਿ ਪਰਮਾਤਮਾ ਦੇ ਨਾਮ ਨੂੰ ਆਪਣੇ ਹਿਰਦੇ ਵਿਚ ਵਸਾ ਕੇ ਉਸ ਨੂੰ ਆਪਣੇ ਅੰਦਰ ਵੱਸਦਾ ਵੇਖ (ਇਹੀ ਆਤਮਕ ਜੀਵਨ ਹੈ, ਇਹੀ ਜੀਵਨ-ਮਨੋਰਥ ਹੈ) ॥੪॥੩॥੪੨॥
17497	381	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17498	381	ਉਦਮੁ ਕਰਤ ਹੋਵੈ ਮਨੁ ਨਿਰਮਲੁ ਨਾਚੈ ਆਪੁ ਨਿਵਾਰੇ॥	(ਨਿਵਾਰੇ) ਦੂਰ ਕਰੇ	Oudham Karath Hovai Man Niramal Naachai Aap Nivaarae ||	Making the effort, the mind becomes pure; in this dance, the self is silenced.	(ਹੇ ਭਾਈ! ਪਰਮਾਤਮਾ ਦਾ ਭਗਤ ਜਿਉਂ ਜਿਉਂ ਸਿਫ਼ਤਿ-ਸਾਲਾਹ ਦਾ) ਉੱਦਮ ਕਰਦਾ ਹੈ ਉਸ ਦਾ ਮਨ ਪਵਿਤ੍ਰ ਹੁੰਦਾ ਜਾਂਦਾ ਹੈ, ਉਹ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰਦਾ ਹੈ (ਇਹ, ਮਾਨੋ, ਉਹ ਪਰਮਾਤਮਾ ਦੀ ਹਜ਼ੂਰੀ ਵਿਚ) ਨਾਚ ਕਰਦਾ ਹੈ।

17499	381	ਪੰਚ ਜਨਾ ਲੇ ਵਸਗਤਿ ਰਾਖੈ ਮਨ ਮਹਿ ਏਕੰਕਾਰੇ॥੧॥	ਵੱਸ-ਗਤਿ। ਗਤਿ: ਪੋਲਾ ਬੋਲੋ	Panch Janaa Lae Vasagath Raakhai Man Mehi Eaekankaarae ||1||	The five passions are kept under control, and the One Lord dwells in the mind. ||1||	(ਪਰਮਾਤਮਾ ਦਾ ਸੇਵਕ) ਆਪਣੇ ਮਨ ਵਿਚ ਪਰਮਾਤਮਾ ਨੂੰ ਵਸਾਈ ਰੱਖਦਾ ਹੈ (ਇਸ ਤਰ੍ਹਾਂ) ਉਹ ਕਾਮਾਦਿਕ ਪੰਜਾਂ ਨੂੰ ਕਾਬੂ ਵਿਚ ਰੱਖਦਾ ਹੈ ॥੧॥
17500	381	ਤੇਰਾ ਜਨੁ ਨਿਰਤਿ ਕਰੇ ਗੁਨ ਗਾਵੈ॥		Thaeraa Jan Nirath Karae Gun Gaavai ||	Your humble servant dances and sings Your Glorious Praises.	ਹੇ ਪ੍ਰਭੂ! (ਦੇਵੀ ਦੇਵਤਿਆਂ ਦੇ ਭਗਤ ਆਪਣੇ ਇਸ਼ਟ ਦੀ ਭਗਤੀ ਕਰਨ ਵੇਲੇ ਉਸ ਦੇ ਅੱਗੇ ਨਾਚ ਕਰਦੇ ਹਨ, ਪਰ) ਤੇਰਾ ਭਗਤ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਹੈ (ਇਹ, ਮਾਨੋ) ਉਹ ਨਾਚ ਕਰਦਾ ਹੈ।
17501	381	ਰਬਾਬੁ ਪਖਾਵਜ ਤਾਲ ਘੁੰਘਰੂ ਅਨਹਦ ਸਬਦੁ ਵਜਾਵੈ॥੧॥ਰਹਾਉ॥		Rabaab Pakhaavaj Thaal Ghungharoo Anehadh Sabadh Vajaavai ||1|| Rehaao ||	He plays upon the guitar, tambourine and cymbals, and the unstruck sound current of the Shabad resounds. ||1||Pause||	ਹੇ ਪ੍ਰਭੂ! ਤੇਰਾ ਭਗਤ ਤੇਰੀ ਸਿਫ਼ਤਿ-ਸਾਲਾਹ ਦਾ ਸ਼ਬਦ-ਰੂਪ ਵਾਜਾ (ਆਪਣੇ ਅੰਦਰ) ਲਗਾਤਾਰ ਵਜਾਂਦਾ ਰਹਿੰਦਾ ਹੈ (ਸ਼ਬਦ ਨੂੰ ਹਰ ਵੇਲੇ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ) ਇਹੀ ਹੈ ਉਸ ਦੇ ਵਾਸਤੇ ਰਬਾਬ ਤਬਲਾ ਛੈਣੇ ਘੁੰਘਰੂ (ਆਦਿਕ ਸਾਜ਼ਾਂ ਦਾ ਵੱਜਣਾ) ॥੧॥ ਰਹਾਉ ॥

17502	381	ਪ੍ਰਥਮੇ ਮਨੁ ਪਰਬੋਧੈ ਅਪਨਾ ਪਾਛੈ ਅਵਰ ਰੀਝਾਵੈ॥	(ਪਰਬੋਧੈ) ਸਮਝਾਵੈ। (ਰੀਝਾਵੈ) ਖੁਸ਼ ਕਰੇ	Prathhamae Man Parabodhhai Apanaa Paashhai Avar Reejhaavai ||	First, he instructs his own mind, and then, he leads others.	(ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਪਰਮਾਤਮਾ ਦਾ ਭਗਤ) ਪਹਿਲਾਂ ਆਪਣੇ ਮਨ ਨੂੰ (ਮੋਹ ਦੀ ਨੀਂਦ ਵਿਚੋਂ) ਜਗਾਂਦਾ ਹੈ, ਫਿਰ ਹੋਰਨਾਂ ਦੇ ਅੰਦਰ (ਸਿਫ਼ਤਿ-ਸਾਲਾਹ ਦੀ) ਰੀਝ ਪੈਦਾ ਕਰਦਾ ਹੈ।
17503	381	ਰਾਮ ਨਾਮ ਜਪੁ ਹਿਰਦੈ ਜਾਪੈ ਮੁਖ ਤੇ ਸਗਲ ਸੁਨਾਵੈ॥੨॥		Raam Naam Jap Hiradhai Jaapai Mukh Thae Sagal Sunaavai ||2||	He chants the Lord's Name and meditates on it in his heart; with his mouth, he announces it to all. ||2||	ਪਹਿਲਾਂ ਉਹ ਆਪਣੇ ਹਿਰਦੇ ਵਿਚ ਪਰਮਾਤਮਾ ਦੇ ਨਾਮ ਦਾ ਜਾਪ ਕਰਦਾ ਹੈ ਤੇ ਫਿਰ ਮੂੰਹ ਨਾਲ ਉਹ ਜਾਪ ਹੋਰਨਾਂ ਨੂੰ ਭੀ ਸੁਣਾਂਦਾ ਹੈ ॥੨॥
17504	381	ਕਰ ਸੰਗਿ ਸਾਧੂ ਚਰਨ ਪਖਾਰੈ ਸੰਤ ਧੂਰਿ ਤਨਿ ਲਾਵੈ॥	(ਪਖਾਰੈ) ਧੋਂਦਾ	Kar Sang Saadhhoo Charan Pakhaarai Santh Dhhoor Than Laavai ||	He joins the Saadh Sangat, the Company of the Holy, and washes their feet; he applies the dust of the Saints to his body	(ਪਰਮਾਤਮਾ ਦਾ ਸੇਵਕ) ਆਪਣੇ ਹੱਥਾਂ ਨਾਲ ਗੁਰਮੁਖਾਂ ਦੇ ਪੈਰ ਧੋਂਦਾ ਹੈ ਸੰਤ ਜਨਾਂ ਦੇ ਚਰਨਾਂ ਦੀ ਧੂੜ ਆਪਣੇ ਸਰੀਰ ਉੱਤੇ ਲਾਂਦਾ ਹੈ।
17505	381	ਮਨੁ ਤਨੁ ਅਰਪਿ ਧਰੇ ਗੁਰ ਆਗੈ ਸਤਿ ਪਦਾਰਥੁ ਪਾਵੈ॥੩॥		Man Than Arap Dhharae Gur Aagai Sath Padhaarathh Paavai ||3||	He surrenders his mind and body, and places them before the Guru; thus, he obtains the true wealth. ||3||	ਆਪਣਾ ਮਨ ਗੁਰੂ ਦੇ ਹਵਾਲੇ ਕਰਦਾ ਹੈ ਆਪਣਾ ਸਰੀਰ (ਹਰੇਕ ਗਿਆਨ-ਇੰਦ੍ਰਾ) ਗੁਰੂ ਦੇ ਹਵਾਲੇ ਕਰਦਾ ਹੈ ਤੇ ਗੁਰੂ ਪਾਸੋਂ ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ ਪ੍ਰਾਪਤ ਕਰਦਾ ਹੈ ॥੩॥

17506	381	ਜੋ ਜੋ ਸੁਨੈ ਪੇਖੈ ਲਾਇ ਸਰਧਾ ਤਾ ਕਾ ਜਨਮ ਮਰਣ ਦੁਖੁ ਭਾਗੈ॥		Jo Jo Sunai Paekhai Laae Saradhhaa Thaa Kaa Janam Maran Dhukh Bhaagai ||	Whoever listens to, and beholds the Guru with faith, shall see his pains of birth and death taken away.	ਹੇ ਨਾਨਕ! (ਪਰਮਾਤਮਾ ਦੀ ਸਿਫ਼ਤਿ-ਸਾਲਾਹ ਇਕ ਐਸਾ ਨਾਚ ਹੈ ਕਿ) ਜੇਹੜਾ ਜੇਹੜਾ ਮਨੁੱਖ ਇਸ ਨੂੰ ਸਿਦਕ ਧਾਰ ਕੇ ਸੁਣਦਾ ਵੇਖਦਾ ਹੈ ਉਸ ਦਾ ਜਨਮ ਮਰਨ ਦੇ ਗੇੜ ਦਾ ਦੁੱਖ ਦੂਰ ਹੋ ਜਾਂਦਾ ਹੈ।
17507	381	ਐਸੀ ਨਿਰਤਿ ਨਰਕ ਨਿਵਾਰੈ ਨਾਨਕ ਗੁਰਮੁਖਿ ਜਾਗੈ॥੪॥੪॥੪੩॥	(ਨਿਰਤਿ) ਨਾਚ	Aisee Nirath Narak Nivaarai Naanak Guramukh Jaagai ||4||4||43||	Such a dance eliminates hell; O Nanak, the Gurmukh remains wakeful. ||4||4||43||	ਅਜੇਹਾ ਨਾਚ ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਨੂੰ ਨਰਕਾਂ ਤੋਂ ਬਚਾ ਲੈਂਦਾ ਹੈ (ਇਸ ਨਾਚ ਦੀ ਬਰਕਤਿ ਨਾਲ) ਉਹ (ਮੋਹ ਦੀ ਨੀਂਦ ਤੋਂ) ਜਾਗ ਪੈਂਦਾ ਹੈ ॥੪॥੪॥੪੩॥
17508	381	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17509	381	ਅਧਮ ਚੰਡਾਲੀ ਭਈ ਬ੍ਰਹਮਣੀ ਸੂਦੀ ਤੇ ਸ੍ਰੇਸਟਾਈ ਰੇ॥	ਅਧਮ:ਪੋਲਾ ਬੋਲੋ। (ਅਧਮ) ਨੀਚ	Adhham Chanddaalee Bhee Brehamanee Soodhee Thae Sraesattaaee Rae ||	The lowly outcaste becomes a Brahmin, and the untouchable sweeper becomes pure and sublime.	ਹੇ ਭਾਈ! ਨਾਮ ਅੰਮ੍ਰਿਤ ਦੀ ਬਰਕਤਿ ਨਾਲ ਅੱਤ ਨੀਚ ਚੰਡਾਲਣ ਬ੍ਰਿਤੀ (ਮਾਨੋ) ਬ੍ਰਾਹਮਣੀ ਬਣ ਗਈ ਤੇ ਸ਼ੂਦਰਨੀ ਤੋਂ ਉੱਚੀ ਕੁਲ ਵਾਲੀ ਹੋ ਗਈ।
17510	381	ਪਾਤਾਲੀ ਆਕਾਸੀ ਸਖਨੀ ਲਹਬਰ ਬੂਝੀ ਖਾਈ ਰੇ॥੧॥	ਤ੍ਰਿਸ਼ਨਾ ਦੀ (ਲਹ-ਬਰ) ਲਾਟ।ਸੱਖਨੀ। ਬੂਝੀ: ਪੋਲਾ ਬੋਲੋ	Paathaalee Aakaasee Sakhanee Lehabar Boojhee Khaaee Rae ||1||	The burning desire of the nether regions and the etheric realms is finally quenched and extinguished. ||1||	ਜੇਹੜੀ ਬਿਰਤੀ ਪਹਿਲਾਂ ਪਤਾਲ ਤੋਂ ਲੈ ਕੇ ਅਕਾਸ਼ ਤਕ ਸਾਰੀ ਦੁਨੀਆ ਦੇ ਪਦਾਰਥ ਲੈ ਕੇ ਭੀ ਭੁੱਖੀ ਰਹਿੰਦੀ ਸੀ ਉਸ ਦੀ ਤ੍ਰਿਸ਼ਨਾ-ਅੱਗ ਦੀ ਲਾਟ ਬੁੱਝ ਗਈ ॥੧॥

17511	381	ਘਰ ਕੀ ਬਿਲਾਈ ਅਵਰ ਸਿਖਾਈ ਮੂਸਾ ਦੇਖਿ ਡਰਾਈ ਰੇ॥	(ਬਿਲਾਈ) ਬਿੱਲੀ। (ਮੂੱਸਾ) ਚੂਹਾ	Ghar Kee Bilaaee Avar Sikhaaee Moosaa Dhaekh Ddaraaee Rae ||	The house-cat has been taught otherwise, and is terrified upon seeing the mouse.	(ਜਿਸ ਮਨੁੱਖ ਨੂੰ ਗੁਰੂ ਨੇ ਨਾਮ-ਅੰਮ੍ਰਿਤ ਪਿਲਾ ਦਿੱਤਾ ਉਸ ਦੀ ਪਹਿਲੀ) ਸੰਤੋਖ-ਹੀਣ ਬ੍ਰਿਤੀ ਬਿੱਲੀ ਹੁਣ ਹੋਰ ਕਿਸਮ ਦੀ ਸਿੱਖਿਆ ਲੈਂਦੀ ਹੈ ਉਹ ਦੁਨੀਆ ਦੇ ਪਦਾਰਥ (ਚੂਹਾ) ਵੇਖ ਕੇ ਲਾਲਚ ਕਰਨੋਂ ਸੰਗਦੀ ਹੈ।
17512	381	ਅਜ ਕੈ ਵਸਿ ਗੁਰਿ ਕੀਨੋ ਕੇਹਰਿ ਕੂਕਰ ਤਿਨਹਿ ਲਗਾਈ ਰੇ॥੧॥ਰਹਾਉ॥	ਬਿਬੇਕ ਰੂਪੀ (ਅਜ) ਬੱਕਰਾ।ਹੰਕਾਰ ਰੂਪੀ (ਕੇਹਰਿ)ਸ਼ੇਰ। ਤਮੋ ਗੁਣੀ ਕੂਕਰ ਇੰਦ੍ਰੀਆਂ। ਸਤੋ ਗੁਣੀ (ਤਿਨਹਿ) ਤ੍ਰਿਣ ਘਾਹ। ਅਜ: ਪੋਲਾ ਬੋਲੋ	Aj Kai Vas Gur Keeno Kaehar Kookar Thinehi Lagaaee Rae ||1|| Rehaao ||	The Guru has put the tiger under the control of the sheep, and now, the dog eats grass. ||1||Pause||	ਗੁਰੂ ਨੇ ਉਸ ਦੇ ਅਹੰਕਾਰ-ਸ਼ੇਰ ਨੂੰ ਨਿਮ੍ਰਤਾ-ਬੱਕਰੀ ਦੇ ਅਧੀਨ ਕਰ ਦਿੱਤਾ, ਉਸ ਦੇ ਤਮੋਗੁਣੀ ਇੰਦ੍ਰਿਆਂ (ਕੁੱਤਿਆਂ) ਨੂੰ ਸਤੇ ਗੁਣੀ ਪਾਸੇ (ਘਾਹ ਖਾਣ ਵਲ) ਲਾ ਦਿੱਤਾ ॥੧॥ ਰਹਾਉ ॥
17513	381	ਬਾਝੁ ਥੂਨੀਆ ਛਪਰਾ ਥਾਮਿਆ ਨੀਘਰਿਆ ਘਰੁ ਪਾਇਆ ਰੇ॥	(ਥੂਨੀਆ) ਥੰਮ੍ਹੀਆਂ। ਨੀ-ਘਰਿਆ	Baajh Thhooneeaa Shhaparaa Thhaamihaaa Neeghariaa Ghar Paaeiaa Rae ||	Without pillars, the roof is supported, and the homeless have found a home.	(ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਨੇ ਨਾਮ-ਅੰਮ੍ਰਿਤ ਪਿਲਾ ਦਿੱਤਾ ਉਸ ਦੇ ਮਨ ਦਾ) ਛੱਪਰ (ਛੱਤ) ਦੁਨਿਆਵੀ ਪਦਾਰਥਾਂ ਦੀਆਂ ਆਸਾਂ ਦੀਆਂ ਥੰਮ੍ਹੀਆਂ ਤੋਂ ਬਿਨਾ ਹੀ ਥੰਮ੍ਹਿਆ ਗਿਆ, ਉਸ ਦੇ ਭਟਕਦੇ ਮਨ ਨੇ (ਪ੍ਰਭੂ-ਚਰਨਾਂ ਵਿਚ) ਟਿਕਾਣਾ ਲੱਭ ਲਿਆ।

17514	381	ਬਿਨੁ ਜੜੀਏ ਲੈ ਜੜਿਓ ਜੜਾਵਾ ਥੇਵਾ ਅਚਰਜੁ ਲਾਇਆ ਰੇ॥੨॥	(ਜੜੀਏ) ਸੁਨਿਆਰੇ। (ਜੜਾਵਾ) ਜੜਾਊ ਗਹਣਾ। (ਥੇਵਾ) ਨਗ। ਅ-ਚਰਜੁ	Bin Jarreeeae Lai Jarriou Jarraavaa Thhaevaa Acharaj Laaeiaa Rae ||2||	Without the jeweller, the jewel has been set, and the wonderful stone shines forth. ||2||	ਕਾਰੀਗਰ ਸੁਨਿਆਰਿਆਂ ਦੀ ਸਹਾਇਤਾ ਤੋਂ ਬਿਨਾ ਹੀ (ਉਸ ਦੇ ਮਨ ਦਾ) ਜੜਾਊ ਗਹਿਣਾ ਤਿਆਰ ਹੋ ਗਿਆ ਤੇ ਉਸ ਮਨ-ਗਹਿਣੇ ਵਿਚ ਪਰਮਾਤਮਾ ਦੇ ਨਾਮ ਦਾ ਸੁੰਦਰ ਨਗ ਜੜ ਦਿੱਤਾ ਗਿਆ ॥੨॥
17515	381	ਦਾਦੀ ਦਾਦਿ ਨ ਪਹੁਚਨਹਾਰਾ ਚੂਪੀ ਨਿਰਨਉ ਪਾਇਆ ਰੇ॥	(ਰੇ) ਹੇ ਭਾਈ! ਗੁਰਸੇਵਕ ਜੀ ਨੇ (ਚੂਪੀ) ਨਿਰਵਿਕਲਪ ਅਵਸਥਾ ਚ ਪੂਰਨ ਬ੍ਰਹਮ ਜੀ ਦਾ ਨਿਰਨਾ ਗੁਰੂ ਜੀ ਤੋਂ ਪਾ ਲਿਆ ਹੈ। ਉਨ੍ਹਾਂ ਦੇ ਕੀਤੇ ਸ਼ੁਭ ਕਾਜ ਤੇ (ਦਾਦਿ) ਫ਼ਰਿਆਦ ਕਰਕੇ। (ਦਾਦੀ) ਫ਼ਰਿਆਦੀ ਪਹੁੰਚਣ ਵਾਲਾ ਨਹੀਂ	Dhaadhee Dhaadh N Pahuchanehaaraa Choopee Nirano Paaeiaa Rae ||	The claimant does not succeed by placing his claim, but by keeping silent, he obtains justice.	(ਹੇ ਭਾਈ! ਪਰਮਾਤਮਾ ਦੇ ਚਰਨਾਂ ਤੋਂ ਵਿੱਛੜ ਕੇ ਨਿੱਤ) ਗਿਲੇ ਕਰਨ ਵਾਲਾ (ਆਪਣਾ ਮਨ-ਇੱਛਤ) ਇਨਸਾਫ਼ ਕਦੇ ਭੀ ਪ੍ਰਾਪਤ ਨਹੀਂ ਸੀ ਕਰ ਸਕਦਾ (ਪਰ ਹੁਣ ਜਦੋਂ ਨਾਮ-ਅੰਮ੍ਰਿਤ ਮਿਲ ਗਿਆ ਤਾਂ) ਸ਼ਾਂਤ-ਚਿੱਤ ਹੋਏ ਨੂੰ ਇਨਸਾਫ਼ ਮਿਲਣ ਲੱਗ ਪਿਆ (ਇਹ ਯਕੀਨ ਬਣ ਗਿਆ ਕਿ ਪਰਮਾਤਮਾ ਜੋ ਕੁਝ ਕਰਦਾ ਹੈ ਠੀਕ ਕਰਦਾ ਹੈ)।
17516	381	ਮਾਲਿ ਦੁਲੀਚੈ ਬੈਠੀਲੇ ਮਿਰਤਕੁ ਨੈਨ ਦਿਖਾਲਨੁ ਧਾਇਆ ਰੇ॥੩॥	(ਮਾਲਿ) ਮੱਲ। ਬੈਠੀ-ਲੇ	Maal Dhuleechai Baithee Lae Mirathak Nain Dhikhaalan Dhhaaeiaa Rae ||3||	The dead sit on costly carpets, and what is seen with the eyes shall vanish. ||3||	(ਨਾਮ-ਅੰਮ੍ਰਿਤ ਦੀ ਬਰਕਤਿ ਨਾਲ ਮਨੁੱਖ ਦਾ ਪਹਿਲਾ) ਹੋਰਨਾਂ ਨੂੰ ਘੂਰਨ ਵਾਲਾ ਸੁਭਾਉ ਮੁੱਕ ਗਿਆ, ਦੁਲੀਚੇ ਮੱਲ ਕੇ ਬੈਠਣ ਵਾਲੀ (ਅਹੰਕਾਰ-ਭਰੀ ਬਿਰਤੀ) ਉਸ ਨੂੰ ਹੁਣ ਆਤਮਕ ਮੌਤੇ ਮਰੀ ਹੋਈ ਦਿੱਸਣ ਲੱਗ ਪਈ ॥੩॥

17517	382	ਸੋਈ ਅਜਾਣੁ ਕਹੈ ਮੈ ਜਾਨਾ ਜਾਨਣਹਾਰੁ ਨ ਛਾਨਾ ਰੇ॥	(ਛਾਨਾ) ਛੁਪਿਆ	Soee Ajaan Kehai Mai Jaanaa Jaananehaar N Shhaanaa Rae ||	One who claims to know, is ignorant; he does not know the Knower of all.	ਹੇ ਭਾਈ! ਜੇਹੜਾ ਮਨੁੱਖ (ਨਿਰਾ ਜ਼ਬਾਨੀ ਜ਼ਬਾਨੀ) ਆਖਦਾ ਹੈ ਕਿ ਮੈਂ (ਆਤਮਕ ਜੀਵਨ ਦੇ ਭੇਤ ਨੂੰ) ਸਮਝ ਲਿਆ ਹੈ ਉਹ ਅਜੇ ਮੂਰਖ ਹੈ, ਜਿਸ ਨੇ (ਸਚਮੁਚ ਆਤਮਕ ਜੀਵਨ ਨੂੰ ਨਾਮ-ਰਸ ਨੂੰ) ਸਮਝ ਲਿਆ ਹੈ ਉਹ ਕਦੇ ਗੁੱਝਾ ਨਹੀਂ ਰਹਿੰਦਾ ਹੈ।
17518	382	ਕਹੁ ਨਾਨਕ ਗੁਰਿ ਅਮਿਉ ਪੀਆਇਆ ਰਸਕਿ ਰਸਕਿ ਬਿਗਸਾਨਾ ਰੇ॥੪॥੫॥੪੪॥	(ਅਮਿਉ) ਅੰਮ੍ਰਿਤ। (ਰਸਕਿ) ਰਸ ਲੈਂਦਿਆਂ	Kahu Naanak Gur Amio Peeaaeiaa Rasak Rasak Bigasaanaa Rae ||4||5||44||	Says Nanak, the Guru has given me the Ambrosial Nectar to drink in; savoring it and relishing it, I blossom forth in bliss. ||4||5||44||	ਨਾਨਕ ਆਖਦਾ ਹੈ- ਜਿਸ ਨੂੰ ਗੁਰੂ ਨੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪਿਲਾ ਦਿੱਤਾ ਹੈ ਉਹ ਇਸ ਨਾਮ-ਜਲ ਦਾ ਸੁਆਦ ਮਾਣ ਮਾਣ ਕੇ ਸਦਾ ਖਿੜਿਆ ਰਹਿੰਦਾ ਹੈ ॥੪॥੫॥੪੪॥
17519	382	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17520	382	ਬੰਧਨ ਕਾਟਿ ਬਿਸਾਰੇ ਅਉਗਨ ਅਪਨਾ ਬਿਰਦੁ ਸਮ੍ਹਾਰਿਆ॥	(ਬਿਸਾਰੇ) ਭੁਲਾਏ	Bandhhan Kaatt Bisaarae Aougan Apanaa Biradh Samhaariaa ||	He has cut away my bonds, and overlooked my shortcomings, and so He has confirmed His nature.	(ਹੇ ਭਾਈ! ਗੁਰੂ ਦੀ ਸਰਨ ਆਏ ਸਿੱਖਾਂ ਦੇ ਮਾਇਆ ਦੇ) ਬੰਧਨ ਕੱਟ ਕੇ ਪਰਮਾਤਮਾ (ਉਹਨਾਂ ਦੇ ਪਿਛਲੇ ਕੀਤੇ) ਔਗੁਣਾਂ ਨੂੰ ਭੁਲਾ ਦੇਂਦਾ ਹੈ (ਤੇ ਇਸ ਤਰ੍ਹਾਂ) ਆਪਣਾ ਮੁੱਢ-ਕਦੀਮਾਂ ਦਾ ਸੁਭਾਉ ਚੇਤੇ ਰੱਖਦਾ ਹੈ,

17521	382	ਹੋਏ ਕ੍ਰਿਪਾਲ ਮਾਤ ਪਿਤ ਨਿਆਈ ਬਾਰਿਕ ਜਿਉ ਪ੍ਰਤਿਪਾਰਿਆ॥੧॥		Hoeae Kirapaal Maath Pith Niaaee Baarik Jio Prathipaariaa ||1||	Becoming merciful to me, like a mother or a father, he has come to cherish me as His own child. ||1||	ਮਾਂ ਪਿਉ ਵਾਂਗ ਉਹਨਾਂ ਉਤੇ ਦਇਆਵਾਨ ਹੁੰਦਾ ਹੈ ਅਤੇ ਬੱਚਿਆਂ ਵਾਂਗ ਉਹਨਾਂ ਨੂੰ ਪਾਲਦਾ ਹੈ ॥੧॥
17522	382	ਗੁਰਸਿਖ ਰਾਖੇ ਗੁਰ ਗੋਪਾਲਿ॥		Gurasikh Raakhae Gur Gopaal ||	The GurSikhs are preserved by the Guru, by the Lord of the Universe.	(ਹੇ ਭਾਈ!) ਗੁਰੂ ਦੀ ਸਰਨ ਪੈਣ ਵਾਲੇ (ਵਡ-ਭਾਗੀ) ਸਿੱਖਾਂ ਨੂੰ ਸਭ ਤੋਂ ਵੱਡਾ ਜਗਤ-ਪਾਲਕ ਪ੍ਰਭੂ (ਵਿਕਾਰਾਂ ਤੋਂ) ਬਚਾ ਲੈਂਦਾ ਹੈ।
17523	382	ਕਾਢਿ ਲੀਏ ਮਹਾ ਭਵਜਲ ਤੇ ਅਪਨੀ ਨਦਰਿ ਨਿਹਾਲਿ॥੧॥ਰਹਾਉ ॥		Kaadt Leeeae Mehaa Bhavajal Thae Apanee Nadhar Nihaal ||1|| Rehaao ||	He rescues them from the terrible world ocean, casting His Glance of Grace upon them. ||1||Pause||	ਆਪਣੀ ਮੇਹਰ ਦੀ ਨਜ਼ਰ ਨਾਲ ਤੱਕ ਕੇ ਉਹਨਾਂ ਨੂੰ ਵੱਡੇ ਸੰਸਾਰ-ਸਮੁੰਦਰ ਵਿਚੋਂ ਕੱਢ ਲੈਂਦਾ ਹੈ ॥੧॥ ਰਹਾਉ ॥
17524	382	ਜਾ ਕੈ ਸਿਮਰਣਿ ਜਮ ਤੇ ਛੁਟੀਐ ਹਲਤਿ ਪਲਤਿ ਸੁਖੁ ਪਾਈਐ॥		Jaa Kai Simaran Jam Thae Shhutteeai Halath Palath Sukh Paaeeai ||	Meditating in remembrance on Him, we escape from the Messenger of Death; here and hereafter, we obtain peace.	ਜਿਸ ਪਰਮਾਤਮਾ ਦੇ ਸਿਮਰਨ ਦੀ ਬਰਕਤਿ ਨਾਲ ਜਮਾਂ ਤੋਂ (ਆਤਮਕ ਮੌਤ ਤੋਂ) ਖ਼ਲਾਸੀ ਪਾਈਦੀ ਹੈ, ਇਸ ਲੋਕ ਤੇ ਪਰਲੋਕ ਵਿਚ ਸੁਖ ਮਾਣੀਦਾ ਹੈ,

17525	382	ਸਾਸਿ ਗਿਰਾਸਿ ਜਪਹੁ ਜਪੁ ਰਸਨਾ ਨੀਤ ਨੀਤ ਗੁਣ ਗਾਈਐ॥੨॥		Saas Giraas Japahu Jap Rasanaa Neeth Neeth Gun Gaaeeai ||2||	With every breath and morsel of food, meditate, and chant with your tongue, continually, each and every day; sing the Glorious Praises of the Lord. ||2||	(ਹੇ ਭਾਈ!) ਹਰੇਕ ਸਾਹ ਨਾਲ ਹਰੇਕ ਗਿਰਾਹੀ ਨਾਲ ਉਸ ਦਾ ਨਾਮ ਆਪਣੀ ਜੀਭ ਨਾਲ ਜਪਿਆ ਕਰੋ। ਆਉ, ਸਦਾ ਹੀ ਉਸ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਰਹੀਏ ॥੨॥
17526	382	ਭਗਤਿ ਪ੍ਰੇਮ ਪਰਮਪਦੁ ਪਾਇਆ ਸਾਧਸੰਗਿ ਦੁਖ ਨਾਠੇ॥		Bhagath Praem Param Padh Paaeiaa Saadhhasang Dhukh Naathae ||	Through loving devotional worship, the supreme status is obtained, and in the Saadh Sangat, the Company of the Holy, sorrows are dispelled.	ਹੇ ਭਾਈ! ਪਰਮਾਤਮਾ ਦੇ ਪ੍ਰੇਮ ਤੇ ਭਗਤੀ ਦੀ ਬਰਕਤਿ ਨਾਲ (ਗੁਰੂ ਦੀ ਸਰਨ ਆਉਣ ਵਾਲੇ) ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦੇ ਹਨ, ਸਾਧ ਸੰਗਤਿ ਵਿਚ ਆ ਕੇ (ਉਹਨਾਂ ਗੁਰਸਿੱਖਾਂ ਦੇ ਸਾਰੇ) ਦੁੱਖ ਦੂਰ ਹੋ ਜਾਂਦੇ ਹਨ।
17527	382	ਛਿਜੈ ਨ ਜਾਇ ਕਿਛੁ ਭਉ ਨ ਬਿਆਪੇ ਹਰਿ ਧਨੁ ਨਿਰਮਲੁ ਗਾਠੇ॥੩॥	(ਛਿੱਜੈ) ਨਾਸ। ਗਾਂਠੇ	Shhijai N Jaae Kishh Bho N Biaapae Har Dhhan Niramal Gaathae ||3||	I am not worn down, I do not die, and nothing strikes fear in me, since I have the wealth of the Lord's Immaculate Name in my purse. ||3||	ਉਨ੍ਹਾਂ ਦੇ ਪਾਸ ਪਰਮਾਤਮਾ ਦੇ ਨਾਮ ਦਾ ਪਵਿਤ੍ਰ ਧਨ ਇਕੱਠਾ ਹੋ ਜਾਂਦਾ ਹੈ। (ਉਸ ਧਨ ਨੂੰ ਕਿਸੇ ਚੋਰ ਆਦਿਕ ਦਾ) ਡਰ ਨਹੀਂ ਵਿਆਪਦਾ, ਉਹ ਧਨ ਘਟਦਾ ਨਹੀਂ, ਉਹ ਧਨ ਗੁਆਚਦਾ ਨਹੀਂ ॥੩॥

17528	382	ਅੰਤਿ ਕਾਲ ਪ੍ਰਭ ਭਏ ਸਹਾਈ ਇਤ ਉਤ ਰਾਖਨਹਾਰੇ॥		Anth Kaal Prabh Bheae Sehaaee Eith Outh Raakhanehaarae ||	At the very last moment, God becomes the mortal's Help and Support; here and hereafter, He is the Savior Lord.	(ਹੇ ਭਾਈ!) ਪ੍ਰਭੂ ਜੀ (ਗੁਰਸਿੱਖਾਂ ਦੇ) ਅੰਤ ਸਮੇਂ ਭੀ ਮਦਦਗਾਰ ਬਣਦੇ ਹਨ, ਇਸ ਲੋਕ ਤੇ ਪਰਲੋਕ ਵਿਚ ਰੱਖਿਆ ਕਰਦੇ ਹਨ।
17529	382	ਪ੍ਰਾਨ ਮੀਤ ਹੀਤ ਧਨੁ ਮੇਰੈ ਨਾਨਕ ਸਦ ਬਲਿਹਾਰੇ॥੪॥੬॥੪੫॥	(ਹੀਤ) ਪਿਆਰਾ	Praan Meeth Heeth Dhhan Maerai Naanak Sadh Balihaarae ||4||6||45||	He is my breath of life, my friend, support and wealth; O Nanak, I am forever a sacrifice to Him. ||4||6||45||	ਹੇ ਨਾਨਕ! (ਆਖ-) ਮੈਂ ਪਰਮਾਤਮਾ ਤੋਂ ਸਦਾ ਕੁਰਬਾਨ ਜਾਂਦਾ ਹਾਂ ਉਸ ਦਾ ਨਾਮ ਹੀ ਮੇਰੇ ਪਾਸ ਐਸਾ ਧਨ ਹੈ ਜੋ ਮੇਰੀ ਜਿੰਦ ਦਾ ਹਿਤੂ ਤੇ ਮੇਰਾ ਮਿੱਤਰ ਹੈ ॥੪॥੬॥੪੫॥
17530	382	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17531	382	ਜਾ ਤੂੰ ਸਾਹਿਬੁ ਤਾ ਭਉ ਕੇਹਾ ਹਉ ਤੁਧੁ ਬਿਨੁ ਕਿਸੁ ਸਾਲਾਹੀ॥		Jaa Thoon Saahib Thaa Bho Kaehaa Ho Thudhh Bin Kis Saalaahee ||	Since You are my Lord and Master, what is there for me to fear? Other than You, who else should I praise?	ਹੇ ਪ੍ਰਭੂ! ਜੇ ਤੂੰ ਮਾਲਕ (ਮੇਰੇ ਸਿਰ ਉਤੇ ਹੱਥ ਰੱਖੀ ਰੱਖੇਂ, ਤਾਂ ਮੈਨੂੰ ਮਾਇਆ-ਜ਼ਹਰ ਤੋਂ) ਕੋਈ ਡਰ-ਖ਼ਤਰਾ ਨਹੀਂ ਹੋ ਸਕਦਾ, ਮੈਂ ਤੈਥੋਂ ਬਿਨਾ ਕਿਸੇ ਹੋਰ ਦੀ ਸ਼ਲਾਘਾ ਨਹੀਂ ਕਰਦਾ (ਮੈਂ ਤੈਥੋਂ ਬਿਨਾ ਕਿਸੇ ਹੋਰ ਨੂੰ ਮਾਇਆ-ਜ਼ਹਰ ਤੋਂ ਬਚਾਣ ਦੇ ਸਮਰਥ ਨਹੀਂ ਸਮਝਦਾ)।

17532	382	ਏਕੁ ਤੂੰ ਤਾ ਸਭੁ ਕਿਛੁ ਹੈ ਮੈ ਤੁਧੁ ਬਿਨੁ ਦੂਜਾ ਨਾਹੀ॥੧॥		Eaek Thoon Thaa Sabh Kishh Hai Mai Thudhh Bin Dhoojaa Naahee ||1||	You are the One and only, and so do all things exist; without You, there is nothing at all for me. ||1||	ਹੇ ਪ੍ਰਭੂ! ਜੇ ਇਕ ਤੂੰ ਹੀ ਮੇਰੇ ਵੱਲ ਰਹੇਂ ਤਾਂ ਹਰੇਕ ਲੋੜੀਂਦੀ ਸ਼ੈ ਮੇਰੇ ਪਾਸ ਹੈ, ਤੈਥੋਂ ਬਿਨਾ ਮੇਰਾ ਕੋਈ ਹੋਰ ਸਹਾਈ ਨਹੀਂ ਹੈ ॥੧॥
17533	382	ਬਾਬਾ ਬਿਖੁ ਦੇਖਿਆ ਸੰਸਾਰੁ॥	ਬਿਖੁ: ਪੋਲਾ ਬੋਲੋ	Baabaa Bikh Dhaekhiaa Sansaar ||	O Father, I have seen that the world is poison.	ਹੇ ਪ੍ਰਭੂ! ਮੈਂ ਵੇਖ ਲਿਆ ਹੈ ਕਿ ਸੰਸਾਰ (ਦਾ ਮੋਹ) ਜ਼ਹਰ ਹੈ (ਜੋ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ)।
17534	382	ਰਖਿਆ ਕਰਹੁ ਗੁਸਾਈ ਮੇਰੇ ਮੈ ਨਾਮੁ ਤੇਰਾ ਆਧਾਰੁ॥੧॥ਰਹਾਉ ॥		Rakhiaa Karahu Gusaaee Maerae Mai Naam Thaeraa Aadhhaar ||1|| Rehaao ||	Save me, O Lord of the Universe! Your Name is my only Support. ||1||Pause||	ਹੇ ਮੇਰੇ ਖਸਮ-ਪ੍ਰਭੂ! (ਇਸ ਜ਼ਹਰ ਤੋਂ) ਮੈਨੂੰ ਬਚਾਈ ਰੱਖ, ਤੇਰਾ ਨਾਮ ਮੇਰੀ ਜ਼ਿੰਦਗੀ ਦਾ ਆਸਰਾ ਬਣਿਆ ਰਹੇ ॥੧॥ ਰਹਾਉ ॥
17535	382	ਜਾਣਹਿ ਬਿਰਥਾ ਸਭਾ ਮਨ ਕੀ ਹੋਰੁ ਕਿਸੁ ਪਹਿ ਆਖਿ ਸੁਣਾਈਐ॥	ਸੱਭਾ	Jaanehi Birathhaa Sabhaa Man Kee Hor Kis Pehi Aakh Sunaaeeai ||	You know completely the condition of my mind; who else could I go to tell of it?	ਹੇ ਪ੍ਰਭੂ! ਤੂੰ ਹੀ (ਹਰੇਕ ਜੀਵ ਦੇ) ਮਨ ਦੀ ਸਾਰੀ ਪੀੜਾ ਜਾਣਦਾ ਹੈਂ, ਤੈਥੋਂ ਬਿਨਾ ਕਿਸੇ ਹੋਰ ਨੂੰ ਆਪਣੇ ਮਨ ਦਾ ਦੁੱਖ-ਦਰਦ ਦੱਸਣਾ ਵਿਅਰਥ ਹੈ।

17536	382	ਵਿਣੁ ਨਾਵੈ ਸਭੁ ਜਗੁ ਬਉਰਾਇਆ ਨਾਮੁ ਮਿਲੈ ਸੁਖੁ ਪਾਈਐ॥੨॥		Vin Naavai Sabh Jag Bouraaeiaa Naam Milai Sukh Paaeeai ||2||	Without the Naam, the Name of the Lord, the whole world has gone crazy; obtaining the Naam, it finds peace. ||2||	(ਹੇ ਭਾਈ!) ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਸਾਰਾ ਜਗਤ ਝੱਲਾ ਹੋਇਆ ਫਿਰਦਾ ਹੈ। ਜੇ ਪਰਮਾਤਮਾ ਦਾ ਨਾਮ ਪ੍ਰਾਪਤ ਹੋ ਜਾਏ ਤਾਂ ਆਤਮਕ ਆਨੰਦ ਮਾਣੀਦਾ ਹੈ ॥੨॥
17537	382	ਕਿਆ ਕਹੀਐ ਕਿਸੁ ਆਖਿ ਸੁਣਾਈਐ ਜਿ ਕਹਣਾ ਸੁ ਪ੍ਰਭ ਜੀ ਪਾਸਿ॥		Kiaa Keheeai Kis Aakh Sunaaeeai J Kehanaa S Prabh Jee Paas ||	What shall I say? Unto whom shall I speak? What I have to say, I say to God.	(ਹੇ ਭਾਈ! ਆਪਣੇ ਮਨ ਦਾ ਦੁੱਖ-ਦਰਦ) ਜੋ ਕੁਝ ਭੀ ਆਖਣਾ ਹੋਵੇ ਪਰਮਾਤਮਾ ਦੇ ਕੋਲ ਹੀ ਆਖਣਾ ਚਾਹੀਦਾ ਹੈ, ਉਸ ਤੋਂ ਬਿਨਾ ਕਿਸੇ ਹੋਰ ਨੂੰ ਕੁਝ ਨਹੀਂ ਕਹਿਣਾ ਚਾਹੀਦਾ (ਕਿਉਂਕਿ ਪਰਮਾਤਮਾ ਹੀ ਸਾਡੇ ਦੁੱਖ ਦੂਰ ਕਰਨ ਜੋਗਾ ਹੈ)।
17538	382	ਸਭੁ ਕਿਛੁ ਕੀਤਾ ਤੇਰਾ ਵਰਤੈ ਸਦਾ ਸਦਾ ਤੇਰੀ ਆਸ॥੩॥		Sabh Kishh Keethaa Thaeraa Varathai Sadhaa Sadhaa Thaeree Aas ||3||	Everything which exists was created by You. You are my hope, forever and ever. ||3||	ਹੇ ਪ੍ਰਭੂ! ਜਗਤ ਵਿਚ ਜੋ ਕੁਝ ਹੋ ਰਿਹਾ ਹੈ ਸਭ ਕੁਝ ਤੇਰਾ ਕੀਤਾ ਹੀ ਹੋ ਰਿਹਾ ਹੈ। ਅਸਾਨੂੰ ਜੀਵਾਂ ਨੂੰ ਸਦਾ ਤੇਰੀ ਸਹਾਇਤਾ ਦੀ ਹੀ ਆਸ ਹੋ ਸਕਦੀ ਹੈ ॥੩॥
17539	382	ਜੇ ਦੇਹਿ ਵਡਿਆਈ ਤਾ ਤੇਰੀ ਵਡਿਆਈ ਇਤ ਉਤ ਤੁਝਹਿ ਧਿਆਉ॥		Jae Dhaehi Vaddiaaee Thaa Thaeree Vaddiaaee Eith Outh Thujhehi Dhhiaao ||	If you bestow greatness, then it is Your greatness; here and hereafter, I meditate on You.	ਹੇ ਪ੍ਰਭੂ! ਜੇ ਤੂੰ ਮੈਨੂੰ ਕੋਈ ਮਾਣ-ਵਡਿਆਈ ਬਖ਼ਸ਼ਦਾ ਹੈਂ ਤਾਂ ਇਸ ਨਾਲ ਭੀ ਤੇਰੀ ਹੀ ਸੋਭਾ ਖਿਲਰਦੀ ਹੈ ਕਿਉਂਕਿ ਮੈਂ ਤਾਂ ਇਸ ਲੋਕ ਤੇ ਪਰਲੋਕ ਵਿਚ ਸਦਾ ਹੀ ਤੇਰਾ ਹੀ ਧਿਆਨ ਧਰਦਾ ਹਾਂ।

17540	382	ਨਾਨਕ ਕੇ ਪ੍ਰਭ ਸਦਾ ਸੁਖਦਾਤੇ ਮੈ ਤਾਣੁ ਤੇਰਾ ਇਕੁ ਨਾਉ॥੪॥੭॥੪੬॥		Naanak Kae Prabh Sadhaa Sukhadhaathae Mai Thaan Thaeraa Eik Naao ||4||7||46||	The Lord God of Nanak is forever the Giver of peace; Your Name is my only strength. ||4||7||46||	ਹੇ ਨਾਨਕ ਦੇ ਪ੍ਰਭੂ! ਹੇ ਸਦਾ ਸੁਖ ਦੇਣ ਵਾਲੇ ਪ੍ਰਭੂ! ਤੇਰਾ ਨਾਮ ਹੀ ਮੇਰੇ ਵਾਸਤੇ ਸਹਾਰਾ ਹੈ ॥੪॥੭॥੪੬॥
17541	382	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17542	382	ਅੰਮ੍ਰਿਤੁ ਨਾਮੁ ਤੁਮ੍ਹਾਰਾ ਠਾਕੁਰ ਏਹੁ ਮਹਾ ਰਸੁ ਜਨਹਿ ਪੀਓ॥		Anmrith Naam Thumhaaraa Thaakur Eaehu Mehaa Ras Janehi Peeou ||	Your Name is Ambrosial Nectar, O Lord Master; Your humble servant drinks in this supreme elixir.	ਹੇ ਠਾਕੁਰ! ਤੇਰਾ ਨਾਮ ਆਤਮਕ ਜੀਵਨ ਦੇਣ ਵਾਲਾ ਜਲ ਹੈ (ਗੁਰੂ ਦੀ ਸਹਾਇਤਾ ਨਾਲ) ਇਹ ਸ੍ਰੇਸ਼ਟ-ਰਸ ਤੇਰੇ ਕਿਸੇ ਦਾਸ ਨੇ ਹੀ ਪੀਤਾ ਹੈ।
17543	382	ਜਨਮ ਜਨਮ ਚੂਕੇ ਭੈ ਭਾਰੇ ਦੁਰਤੁ ਬਿਨਾਸਿਓ ਭਰਮੁ ਬੀਓ॥੧॥	(ਦੁਰਤੁ) ਪਾਪ। (ਬੀਓ) ਦੂਜਾ	Janam Janam Chookae Bhai Bhaarae Dhurath Binaasiou Bharam Beeou ||1||	The fearful load of sins from countless incarnations has vanished; doubt and duality are also dispelled. ||1||	(ਜਿਸ ਨੇ ਪੀਤਾ ਉਸ ਦੇ) ਜਨਮਾਂ ਜਨਮਾਂਤਰਾਂ ਦੇ ਡਰ ਤੇ (ਕੀਤੇ ਵਿਕਾਰਾਂ ਦੇ) ਭਾਰ ਮੁੱਕ ਗਏ, (ਉਸ ਦੇ ਅੰਦਰੋਂ) ਪਾਪ ਨਾਸ ਹੋ ਗਿਆ (ਉਸ ਦੇ ਅੰਦਰੋਂ) ਦੂਜੀ ਭਟਕਣਾ (ਮਾਇਆ ਦੀ ਭਟਕਣਾ) ਦੂਰ ਹੋ ਗਈ ॥੧॥
17544	382	ਦਰਸਨੁ ਪੇਖਤ ਮੈ ਜੀਓ॥		Dharasan Paekhath Mai Jeeou ||	I live by beholding the Blessed Vision of Your Darshan.	ਹੇ ਸਤਿਗੁਰੂ! ਤੇਰਾ ਦਰਸਨ ਕਰ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੋ ਜਾਂਦਾ ਹੈ,

17545	382	ਸੁਨਿ ਕਰਿ ਬਚਨ ਤੁਮ੍ਹਾਰੇ ਸਤਿਗੁਰ ਮਨੁ ਤਨੁ ਮੇਰਾ ਠਾਰੁ ਥੀਓ॥੧॥ਰਹਾਉ॥		Sun Kar Bachan Thumhaarae Sathigur Man Than Maeraa Thaar Thheeou ||1|| Rehaao ||	Listening to Your Words, O True Guru, my mind and body are cooled and soothed. ||1||Pause||	ਤੇਰੇ ਬਚਨ ਸੁਣ ਕੇ ਮੇਰਾ ਮਨ ਮੇਰਾ ਤਨ ਠੰਡਾ-ਠਾਰ ਹੋ ਜਾਂਦਾ ਹੈ ॥੧॥ ਰਹਾਉ ॥
17546	382	ਤੁਮ੍ਰੀ ਕ੍ਰਿਪਾ ਤੇ ਭਇਓ ਸਾਧਸੰਗੁ ਏਹੁ ਕਾਜੁ ਤੁਮ੍ ਆਪਿ ਕੀਓ॥		Thumharee Kirapaa Thae Bhaeiou Saadhhasang Eaehu Kaaj Thumh Aap Keeou ||	By Your Grace, I have joined the Saadh Sangat, the Company of the Holy; You Yourself have caused this to happen.	ਹੇ ਪ੍ਰਭੂ! ਤੇਰੀ ਮੇਹਰ ਨਾਲ (ਮੈਨੂੰ) ਗੁਰੂ ਦੀ ਸੰਗਤਿ ਹਾਸਲ ਹੋਈ, ਇਹ (ਸੋਹਣਾ) ਕੰਮ ਤੂੰ ਆਪ ਹੀ ਕੀਤਾ,
17547	382	ਦਿੜੁ ਕਰਿ ਚਰਣ ਗਹੇ ਪ੍ਰਭ ਤੁਮ੍ਰੇ ਸਹਜੇ ਬਿਖਿਆ ਭਈ ਖੀਓ॥੨॥	(ਖੀਓ) ਨਾਸ	Dhirr Kar Charan Gehae Prabh Thumharae Sehajae Bikhiaa Bhee Kheeou ||2||	Holding fast to Your Feet, O God, the poison is easily neutralized. ||2||	(ਗੁਰੂ ਦੀ ਸਿੱਖਿਆ ਨਾਲ) ਮੈਂ, ਹੇ ਪ੍ਰਭੂ! ਤੇਰੇ ਚਰਨ ਘੁੱਟ ਕੇ ਫੜ ਲਏ, ਮੈਂ ਆਤਮਕ ਅਡੋਲਤਾ ਵਿਚ ਟਿਕ ਗਿਆ ਤੇ (ਮੇਰੇ ਅੰਦਰੋਂ) ਮਾਇਆ ਦਾ ਜ਼ੋਰ ਖ਼ਤਮ ਹੋ ਗਿਆ ਹੈ ॥੨॥
17548	382	ਸੁਖ ਨਿਧਾਨ ਨਾਮੁ ਪ੍ਰਭ ਤੁਮਰਾ ਏਹੁ ਅਬਿਨਾਸੀ ਮੰਤ੍ਰੁ ਲੀਓ॥		Sukh Nidhhaan Naam Prabh Thumaraa Eaehu Abinaasee Manthra Leeou ||	Your Name, O God, is the treasure of peace; I have received this everlasting Mantra.	ਹੇ ਸੁਖਾਂ ਦੇ ਖ਼ਜ਼ਾਨੇ ਪ੍ਰਭੂ! ਕਦੇ ਨਾਹ ਨਾਸ ਹੋਣ ਵਾਲਾ ਤੇਰਾ ਨਾਮ-ਮੰਤ੍ਰ ਮੈਂ ਜਪਣਾ ਸ਼ੁਰੂ ਕਰ ਦਿੱਤਾ,

17549	382	ਕਰਿ ਕਿਰਪਾ ਮੋਹਿ ਸਤਿਗੁਰਿ ਦੀਨਾ ਤਾਪੁ ਸੰਤਾਪੁ ਮੇਰਾ ਬੈਰੁ ਗੀਓ॥੩॥	(ਤਾਪੁ) ਦੁੱਖ। (ਸੰਤਾਪੁ) ਕੀਤੇ ਮਾੜੇ ਕਰਮਾ ਦੀ ਯਾਦ ਤੇ ਦੁੱਖ	Kar Kirapaa Mohi Sathigur Dheenaa Thaap Santhaap Maeraa Bair Geeou ||3||	Showing His Mercy, the True Guru has given it to me, and my fever and pain and hatred are annulled. ||3||	ਤੇਰਾ ਇਹ ਨਾਮ-ਮੰਤ੍ਰ ਮੇਹਰ ਕਰ ਕੇ ਮੈਨੂੰ ਸਤਿਗੁਰੂ ਨੇ ਦਿੱਤਾ (ਜਿਸ ਦੀ ਬਰਕਤਿ ਨਾਲ) ਮੇਰੇ ਅੰਦਰੋਂ (ਹਰੇਕ ਕਿਸਮ ਦਾ) ਦੁੱਖ ਕਲੇਸ਼ ਤੇ ਵੈਰ-ਵਿਰੋਧ ਦੂਰ ਹੋ ਗਿਆ ॥੩॥
17550	382	ਧੰਨੁ ਸੁ ਮਾਣਸ ਦੇਹੀ ਪਾਈ ਜਿਤੁ ਪ੍ਰਭਿ ਅਪਨੈ ਮੇਲਿ ਲੀਓ॥		Dhhann S Maanas Dhaehee Paaee Jith Prabh Apanai Mael Leeou ||	Blessed is the attainment of this human body, by which God blends Himself with me.	ਹੇ ਨਾਨਕ! (ਆਖ-) ਮੈਨੂੰ ਭਾਗਾਂ ਵਾਲਾ ਮਨੁੱਖਾ ਸਰੀਰ ਮਿਲਿਆ ਜਿਸ ਦੀ ਬਰਕਤਿ ਨਾਲ ਪ੍ਰਭੂ ਨੇ ਮੈਨੂੰ ਆਪਣੇ ਚਰਨਾਂ ਵਿਚ ਜੋੜ ਲਿਆ।
17551	382	ਧੰਨੁ ਸੁ ਕਲਿਜੁਗੁ ਸਾਧਸੰਗਿ ਕੀਰਤਨੁ ਗਾਈਐ ਨਾਨਕ ਨਾਮੁ ਅਧਾਰੁ ਹੀਓ॥੪॥੮॥੪੭॥	(ਹੀਓ) ਹਿਰਦੇ	Dhhann S Kalijug Saadhhasang Keerathan Gaaeeai Naanak Naam Adhhaar Heeou ||4||8||47||	Blessed, in this Dark Age of Kali Yuga, is the Saadh Sangat, the Company of the Holy, where the Kirtan of the Lord's Praises are sung.O Nanak, the Naam is my only Support. ||4||8||47||	(ਲੋਕ ਕਲਿਜੁਗ ਨੂੰ ਨਿੰਦਦੇ ਹਨ, ਪਰ) ਇਹ ਕਲਿਜੁਗ ਭੀ ਮੁਬਾਰਿਕ ਹੈ ਜੇ ਗੁਰੂ ਦੀ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਕੀਰਤਨ ਕੀਤਾ ਜਾਏ ਤੇ ਜੇ ਪਰਮਾਤਮਾ ਦਾ ਨਾਮ ਹਿਰਦੇ ਦਾ ਆਸਰਾ ਬਣਿਆ ਰਹੇ ॥੪॥੮॥੪੭॥
17552	383	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

17553	383	ਆਗੈ ਹੀ ਤੇ ਸਭੁ ਕਿਛੁ ਹੂਆ ਅਵਰੁ ਕਿ ਜਾਣੈ ਗਿਆਨਾ॥		Aagai Hee Thae Sabh Kishh Hooaa Avar K Jaanai Giaanaa ||	Everything is pre-ordained; what else can be known through study?	ਜੋ ਬਖ਼ਸ਼ਸ਼ ਮੇਰੇ ਉਤੇ ਹੋਈ ਹੈ ਧੁਰੋਂ ਹੀ ਹੋਈ ਹੈ-ਇਸ ਤੋਂ ਬਿਨਾ ਜੀਵ ਹੋਰ ਕੀ ਗਿਆਨ ਸਮਝ ਸਕਦਾ ਹੈ?
17554	383	ਭੂਲ ਚੂਕ ਅਪਨਾ ਬਾਰਿਕੁ ਬਖਸਿਆ ਪਾਰਬ੍ਰਹਮ ਭਗਵਾਨਾ॥੧॥		Bhool Chook Apanaa Baarik Bakhasiaa Paarabreham Bhagavaanaa ||1||	The errant child has been forgiven by the Supreme Lord God. ||1||	ਮੇਰੀਆਂ ਅਨੇਕਾਂ ਭੁੱਲਾਂ ਚੁੱਕਾਂ ਵੇਖ ਕੇ ਭੀ ਪਾਰਬ੍ਰਹਮ ਭਗਵਾਨ ਨੇ ਮੈਨੂੰ ਆਪਣੇ ਬਾਲਕ ਨੂੰ ਬਖ਼ਸ਼ ਲਿਆ ਹੈ ॥੧॥
17555	383	ਸਤਿਗੁਰੁ ਮੇਰਾ ਸਦਾ ਦਇਆਲਾ ਮੋਹਿ ਦੀਨ ਕਉ ਰਾਖਿ ਲੀਆ॥		Sathigur Maeraa Sadhaa Dhaeiaalaa Mohi Dheen Ko Raakh Leeaa ||	My True Guru is always merciful; He has saved me, the meek one.	(ਹੇ ਭਾਈ!) ਮੇਰਾ ਸਤਿਗੁਰੂ ਸਦਾ ਹੀ ਦਇਆਵਾਨ ਰਹਿੰਦਾ ਹੈ ਉਸ ਨੇ ਮੈਨੂੰ (ਆਤਮਕ ਜੀਵਨ ਦੇ ਸਰਮਾਏ ਵਲੋਂ) ਕੰਗਾਲ ਨੂੰ (ਆਤਮਕ ਮੌਤ ਲਿਆਉਣ ਵਾਲੇ ਰੋਗ ਤੋਂ) ਬਚਾ ਲਿਆ।
17556	383	ਕਾਟਿਆ ਰੋਗੁ ਮਹਾ ਸੁਖੁ ਪਾਇਆ ਹਰਿ ਅੰਮ੍ਰਿਤੁ ਮੁਖਿ ਨਾਮੁ ਦੀਆ॥੧॥ਰਹਾਉ॥		Kaattiaa Rog Mehaa Sukh Paaeiaa Har Anmrith Mukh Naam Dheeaa ||1|| Rehaao ||	He has cured me of my disease, and I have obtained the greatest peace; He has placed the Ambrosial Name of the Lord in my mouth. ||1||Pause||	(ਸਤਿਗੁਰੂ ਨੇ) ਮੇਰੇ ਮੂੰਹ ਵਿਚ ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪਾਇਆ (ਮੇਰਾ ਵਿਕਾਰਾਂ ਦਾ) ਰੋਗ ਕੱਟਿਆ ਗਿਆ, ਮੈਨੂੰ ਬੜਾ ਆਤਮਕ ਆਨੰਦ ਪ੍ਰਾਪਤ ਹੋਇਆ ॥੧॥ ਰਹਾਉ ॥

17557	383	ਅਨਿਕ ਪਾਪ ਮੇਰੇ ਪਰਹਰਿਆ ਬੰਧਨ ਕਾਟੇ ਮੁਕਤ ਭਏ॥	(ਪਰਹਰਿਆ) ਦੂਰ ਕਰੇ	Anik Paap Maerae Parehariaa Bandhhan Kaattae Mukath Bheae ||	He has washed away my countless sins; He has cut away my bonds, and I am liberated.	(ਹੇ ਭਾਈ!) ਗੁਰੂ ਨੇ ਮੇਰੇ ਅਨੇਕਾਂ ਪਾਪ ਦੂਰ ਕਰ ਦਿੱਤੇ ਹਨ, ਮੇਰੇ (ਮਾਇਆ ਦੇ ਮੋਹ ਦੇ) ਬੰਧਨ ਕੱਟ ਦਿੱਤੇ ਹਨ ਮੈਂ (ਮੋਹ ਦੇ ਬੰਧਨਾਂ ਤੋਂ) ਸੁਤੰਤਰ ਹੋ ਗਿਆ ਹਾਂ।
17558	383	ਅੰਧ ਕੂਪ ਮਹਾ ਘੋਰ ਤੇ ਬਾਹ ਪਕਰਿ ਗੁਰਿ ਕਾਢਿ ਲੀਏ॥੨॥	(ਕੂਪ) ਖੂਹ। (ਘੋਰ) ਭਿਆਨਕ। ਬਾਂਹ	Andhh Koop Mehaa Ghor Thae Baah Pakar Gur Kaadt Leeeae ||2||	He has taken me by the arm, and pulled me out of the terrible, deep dark pit. ||2||	ਗੁਰੂ ਨੇ ਮੇਰੀ ਬਾਂਹ ਫੜ ਕੇ ਮੈਨੂੰ (ਮਾਇਆ ਦੇ ਮੋਹ ਦੇ) ਘੁੱਪ ਹਨੇਰੇ ਖੂਹ ਵਿਚੋਂ ਕੱਢ ਲਿਆ ਹੈ ॥੨॥
17559	383	ਨਿਰਭਉ ਭਏ ਸਗਲ ਭਉ ਮਿਟਿਆ ਰਾਖੇ ਰਾਖਨਹਾਰੇ॥		Nirabho Bheae Sagal Bho Mittiaa Raakhae Raakhanehaarae ||	I have become fearless, and all my fears have been erased. The Savior Lord has saved me.	(ਹੇ ਭਾਈ! ਵਿਕਾਰਾਂ ਤੋਂ) ਬਚਾ ਸਕਣ ਦੀ ਤਾਕਤ ਰੱਖਣ ਵਾਲੇ ਪਰਮਾਤਮਾ ਨੇ (ਮੈਨੂੰ ਵਿਕਾਰਾਂ ਤੋਂ) ਬਚਾ ਲਿਆ ਹੈ, ਹੁਣ (ਮਾਇਆ ਦੇ ਹੱਲਿਆਂ ਵਲੋਂ) ਬੇ-ਫ਼ਿਕਰ ਹਾਂ (ਇਸ ਪਾਸੇ ਵਲੋਂ) ਮੇਰਾ ਹਰੇਕ ਕਿਸਮ ਦਾ ਡਰ-ਖ਼ਤਰਾ ਮੁੱਕ ਗਿਆ ਹੈ।
17560	383	ਐਸੀ ਦਾਤਿ ਤੇਰੀ ਪ੍ਰਭ ਮੇਰੇ ਕਾਰਜ ਸਗਲ ਸਵਾਰੇ॥੩॥		Aisee Dhaath Thaeree Prabh Maerae Kaaraj Sagal Savaarae ||3||	Such is Your generosity, O my God, that You have resolved all my affairs. ||3||	ਹੇ ਮੇਰੇ ਪ੍ਰਭੂ! ਤੇਰੀ ਅਜੇਹੀ ਬਖ਼ਸ਼ਸ਼ ਮੇਰੇ ਉੱਤੇ ਹੋਈ ਹੈ ਕਿ ਮੇਰੇ (ਆਤਮਕ ਜੀਵਨ ਦੇ) ਸਾਰੇ ਹੀ ਕਾਰਜ ਸਿਰੇ ਚੜ੍ਹ ਗਏ ਹਨ ॥੩॥

17561	383	ਗੁਣ ਨਿਧਾਨ ਸਾਹਿਬ ਮਨਿ ਮੇਲਾ॥		Gun Nidhhaan Saahib Man Maelaa ||	My mind has met with my Lord and Master, the treasure of excellence.	ਹੇ ਨਾਨਕ! (ਆਖ-ਹੇ ਭਾਈ!) ਗੁਣਾਂ ਦੇ ਖ਼ਜ਼ਾਨੇ ਮਾਲਕ-ਪ੍ਰਭੂ ਦਾ ਮੇਰੇ ਮਨ ਵਿਚ ਮਿਲਾਪ ਹੋ ਗਿਆ ਹੈ।
17562	383	ਸਰਣਿ ਪਇਆ ਨਾਨਕ ਸੋਹੇਲਾ॥੪॥੯॥੪੮॥	(ਸੋਹੇਲਾ) ਸੁਖੀ। ਸੋਹੇਲਾ ਹੋੜੇ ਔਂਕੜ ਵਿਚਕਾਰ ਬੋਲੋ	Saran Paeiaa Naanak Suohaelaa ||4||9||48||	Taking to His Sanctuary, Nanak has become blissful. ||4||9||48||	(ਜਦੋਂ ਦਾ ਗੁਰੂ ਦੀ ਕਿਰਪਾ ਨਾਲ) ਮੈਂ (ਉਸ ਦੀ) ਸਰਨ ਪਿਆ ਹਾਂ, ਮੈਂ ਸੌਖਾ ਹੋ ਗਿਆ ਹਾਂ ॥੪॥੯॥੪੮॥
17563	383	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17564	383	ਤੂੰ ਵਿਸਰਹਿ ਤਾਂ ਸਭੁ ਕੋ ਲਾਗੂ ਚੀਤਿ ਆਵਹਿ ਤਾਂ ਸੇਵਾ॥		Thoon Visarehi Thaan Sabh Ko Laagoo Cheeth Aavehi Thaan Saevaa ||	If I forget You, then everyone becomes my enemy. When You come to mind, then they serve me.	ਹੇ ਪ੍ਰਭੂ! ਜੇ ਤੂੰ ਮੇਰੇ ਮਨ ਵਿਚੋਂ ਭੁੱਲ ਜਾਏਂ ਤਾਂ ਹਰੇਕ ਜੀਵ ਮੈਨੂੰ ਵੈਰੀ ਜਾਪਦਾ ਹੈ, ਪਰ ਜੇ ਤੂੰ ਮੇਰੇ ਚਿੱਤ ਵਿਚ ਆ ਵੱਸੇਂ ਤਾਂ ਹਰ ਕੋਈ ਮੇਰਾ ਆਦਰ ਸਤਕਾਰ ਕਰਦਾ ਹੈ।
17565	383	ਅਵਰੁ ਨ ਕੋਊ ਦੂਜਾ ਸੂਝੈ ਸਾਚੇ ਅਲਖ ਅਭੇਵਾ॥੧॥		Avar N Kooo Dhoojaa Soojhai Saachae Alakh Abhaevaa ||1||	I do not know any other at all, O True, Invisible, Inscrutable Lord. ||1||	ਹੇ ਸਦਾ ਕਾਇਮ ਰਹਿਣ ਵਾਲੇ! ਹੇ ਅਲੱਖ! ਹੇ ਅਭੇਵ ਪ੍ਰਭੂ! ਮੈਨੂੰ (ਜਗਤ ਵਿਚ) ਤੇਰੇ ਬਰਾਬਰ ਦਾ ਹੋਰ ਕੋਈ ਨਹੀਂ ਦਿੱਸਦਾ ॥੧॥

17566	383	ਚੀਤਿ ਆਵੈ ਤਾਂ ਸਦਾ ਦਇਆਲਾ ਲੋਗਨ ਕਿਆ ਵੇਚਾਰੇ॥		Cheeth Aavai Thaan Sadhaa Dhaeiaalaa Logan Kiaa Vaechaarae ||	When You come to mind, You are always merciful to me; what can the poor people do to me?	ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦੀ ਯਾਦ ਟਿਕੀ ਰਹਿੰਦੀ ਹੈ ਉਸ ਉਤੇ ਪਰਮਾਤਮਾ ਸਦਾ ਦਇਆਵਾਨ ਰਹਿੰਦਾ ਹੈ, ਦੁਨੀਆ ਦੇ ਵਿਚਾਰੇ ਲੋਕ ਉਸ ਦਾ ਕੁਝ ਵਿਗਾੜ ਨਹੀਂ ਸਕਦੇ।
17567	383	ਬੁਰਾ ਭਲਾ ਕਹੁ ਕਿਸ ਨੋ ਕਹੀਐ ਸਗਲੇ ਜੀਅ ਤੁਮਾਰੇ॥੧॥ਰਹਾਉ॥		Buraa Bhalaa Kahu Kis No Keheeai Sagalae Jeea Thumhaarae ||1|| Rehaao ||	Tell me, who should I call good or bad, since all beings are Yours? ||1||Pause||	ਹੇ ਪ੍ਰਭੂ! ਸਾਰੇ ਜੀਵ ਤੇਰੇ ਪੈਦਾ ਕੀਤੇ ਹੋਏ ਹਨ। ਫਿਰ ਦੱਸ, ਕਿਸ ਨੂੰ ਚੰਗਾ ਆਖਿਆ ਜਾ ਸਕਦਾ ਹੈ ਤੇ ਕਿਸ ਨੂੰ ਮੰਦਾ ਕਿਹਾ ਜਾ ਸਕਦਾ ਹੈ? (ਭਾਵ, ਪਰਮਾਤਮਾ ਦੀ ਯਾਦ ਮਨ ਵਿਚ ਵਸਾਣ ਵਾਲੇ ਮਨੁੱਖ ਨੂੰ ਸਭ ਜੀ ਪਰਮਾਤਮਾ ਦੇ ਪੈਦਾ ਕੀਤੇ ਦਿੱਸਦੇ ਹਨ, ਉਹ ਕਿਸੇ ਨੂੰ ਮਾੜਾ ਨਹੀਂ ਸਮਝਦਾ) ॥੧॥ ਰਹਾਉ ॥
17568	383	ਤੇਰੀ ਟੇਕ ਤੇਰਾ ਆਧਾਰਾ ਹਾਥ ਦੇਇ ਤੂੰ ਰਾਖਹਿ॥		Thaeree Ttaek Thaeraa Aadhhaaraa Haathh Dhaee Thoon Raakhehi ||	You are my Shelter, You are my Support; giving me Your hand, You protect me.	ਹੇ ਪ੍ਰਭੂ! ਮੈਨੂੰ ਤੇਰੀ ਹੀ ਓਟ ਹੈ, ਤੇਰਾ ਹੀ ਆਸਰਾ ਹੈ, ਤੂੰ ਆਪਣਾ ਹੱਥ ਦੇ ਕੇ ਆਪ (ਸਾਡੀ) ਰੱਖਿਆ ਕਰਦਾ ਹੈਂ।

17569	383	ਜਿਸੁ ਜਨ ਊਪਰਿ ਤੇਰੀ ਕਿਰਪਾ ਤਿਸ ਕਉ ਬਿਪੁ ਨ ਕੋਊ ਭਾਖੈ॥੨॥	(ਬਿੱਪੁ) ਖਿਲਾਫ਼। (ਭਾਖੈ) ਆਖਦਾ	Jis Jan Oopar Thaeree Kirapaa This Ko Bip N Kooo Bhaakhai ||2||	That humble being, upon whom You bestow Your Grace, is not touched by slander or suffering. ||2||	ਜਿਸ ਮਨੁੱਖ ਉਤੇ ਤੇਰੀ (ਮੇਹਰ ਦੀ) ਨਜ਼ਰ ਹੋਵੇ ਉਸ ਨੂੰ ਕੋਈ ਮਨੁੱਖ ਮੰਦਾ ਬਚਨ ਨਹੀਂ ਆਖਦਾ ॥੨॥
17570	383	ਓਹੋ ਸੁਖੁ ਓਹਾ ਵਡਿਆਈ ਜੋ ਪ੍ਰਭ ਜੀ ਮਨਿ ਭਾਣੀ॥		Ouho Sukh Ouhaa Vaddiaaee Jo Prabh Jee Man Bhaanee ||	That is peace, and that is greatness, which is pleasing to the mind of the Dear Lord God.	ਹੇ ਪ੍ਰਭੂ ਜੀ! ਜੇਹੜੀ ਗੱਲ ਤੈਨੂੰ ਆਪਣੇ ਮਨ ਵਿਚ ਚੰਗੀ ਲੱਗਦੀ ਹੈ ਉਹੀ ਮੇਰੇ ਵਾਸਤੇ ਸੁਖ ਹੈ, ਉਹੀ ਮੇਰੇ ਵਾਸਤੇ ਆਦਰ ਸਤਕਾਰ ਹੈ।
17571	383	ਤੂੰ ਦਾਨਾ ਤੂੰ ਸਦ ਮਿਹਰਵਾਨਾ ਨਾਮੁ ਮਿਲੈ ਰੰਗੁ ਮਾਣੀ॥੩॥		Thoon Dhaanaa Thoon Sadh Miharavaanaa Naam Milai Rang Maanee ||3||	You are all-knowing, You are forever compassionate; obtaining Your Name, I revel in it and make merry. ||3||	ਤੂੰ ਸਭ ਦੇ ਦਿਲ ਦੀ ਜਾਣਨ ਵਾਲਾ ਹੈਂ, ਤੂੰ ਸਦਾ ਸਭ ਜੀਵਾਂ ਤੇ ਦਇਆਵਾਨ ਰਹਿੰਦਾ ਹੈਂ। ਮੈਂ ਤਦੋਂ ਹੀ ਅਨੰਦ ਪ੍ਰਤੀਤ ਕਰ ਸਕਦਾ ਹਾਂ ਜਦੋਂ ਮੈਨੂੰ ਤੇਰਾ ਨਾਮ ਮਿਲਿਆ ਰਹੇ ॥੩॥
17572	383	ਤੁਧੁ ਆਗੈ ਅਰਦਾਸਿ ਹਮਾਰੀ ਜੀਉ ਪਿੰਡੁ ਸਭੁ ਤੇਰਾ॥		Thudhh Aagai Aradhaas Hamaaree Jeeo Pindd Sabh Thaeraa ||	I offer my prayer to You; my body and soul are all Yours.	ਹੇ ਪ੍ਰਭੂ! ਤੇਰੇ ਅੱਗੇ ਮੇਰੀ ਅਰਦਾਸ ਹੈ-ਮੇਰੀ ਇਹ ਜਿੰਦ ਮੇਰਾ ਇਹ ਸਰੀਰ ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ।

17573	383	ਕਹੁ ਨਾਨਕ ਸਭ ਤੇਰੀ ਵਡਿਆਈ ਕੋਈ ਨਾਉ ਨ ਜਾਣੈ ਮੇਰਾ॥੪॥੧੦॥੪੯॥		Kahu Naanak Sabh Thaeree Vaddiaaee Koee Naao N Jaanai Maeraa ||4||10||49||	Says Nanak, this is all Your greatness; no one even knows my name. ||4||10||49||	ਨਾਨਕ ਆਖਦਾ ਹੈ- (ਜੇ ਕੋਈ ਮੇਰਾ ਆਦਰ ਸਤਕਾਰ ਕਰਦਾ ਹੈ ਤਾਂ) ਇਹ ਤੇਰੀ ਹੀ ਬਖ਼ਸ਼ੀ ਹੋਈ ਵਡਿਆਈ ਹੈ। (ਜੇ ਮੈਂ ਤੈਨੂੰ ਭੁਲਾ ਬੈਠਾਂ ਤਾਂ) ਕੋਈ ਜੀਵ ਮੇਰਾ ਨਾਮ ਪਤਾ ਕਰਨ ਦੀ ਭੀ ਪਰਵਾਹ ਨਾਹ ਕਰੇ ॥੪॥੧੦॥੪੯॥
17574	383	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17575	383	ਕਰਿ ਕਿਰਪਾ ਪ੍ਰਭ ਅੰਤਰਜਾਮੀ ਸਾਧਸੰਗਿ ਹਰਿ ਪਾਈਐ॥		Kar Kirapaa Prabh Antharajaamee Saadhhasang Har Paaeeai ||	Show Your Mercy, O God, O Searcher of hearts, that in the Saadh Sangat, the Company of the Holy, I might obtain You, Lord.	ਹੇ ਸਭ ਦੇ ਦਿਲ ਦੀ ਜਾਣਨ ਵਾਲੇ ਪ੍ਰਭੂ! ਮੇਹਰ ਕਰ (ਤੇ ਮੈਨੂੰ ਗੁਰੂ ਦੀ ਸੰਗਤਿ ਮਿਲਾ)।
17576	383	ਖੋਲਿ ਕਿਵਾਰ ਦਿਖਾਲੇ ਦਰਸਨੁ ਪੁਨਰਪਿ ਜਨਮਿ ਨ ਆਈਐ॥੧॥	(ਪੁਨਰਪਿ) ਫਿਰ ਕਦੇ	Khol Kivaar Dhikhaalae Dharasan Punarap Janam N Aaeeai ||1||	When You open Your Door, and reveal the Blessed Vision of Your Darshan, the mortal is not relegated to reincarnation again. ||1||	(ਹੇ ਭਾਈ!) ਗੁਰੂ ਦੀ ਸੰਗਤਿ ਵਿਚ ਰਿਹਾਂ ਪਰਮਾਤਮਾ ਮਿਲ ਪੈਂਦਾ ਹੈ, ਸਾਡੇ (ਮਾਇਆ ਦੇ ਮੋਹ ਦੇ ਵੱਜੇ ਹੋਏ) ਭਿੱਤ ਖੋਲ੍ਹ ਕੇ ਆਪਣਾ ਦਰਸ਼ਨ ਕਰਾਂਦਾ ਹੈ, ਤੇ ਫਿਰ ਮੁੜ ਜਨਮਾਂ ਦੇ ਗੇੜ ਵਿਚ ਨਹੀਂ ਪਈਦਾ ॥੧॥

17577	383	ਮਿਲਉ ਪਰੀਤਮ ਸੁਆਮੀ ਅਪੁਨੇ ਸਗਲੇ ਦੂਖ ਹਰਉ ਰੇ॥	(ਹਰਉ) ਦੂਰ ਕਰੋ	Milo Pareetham Suaamee Apunae Sagalae Dhookh Haro Rae ||	Meeting with my Beloved Lord aand Master, all my pains are taken away.	ਹੇ ਭਾਈ! (ਜੇ ਮੇਰੇ ਉਤੇ ਪ੍ਰਭੂ ਦੀ ਕਿਰਪਾ ਹੋ ਜਾਏ ਤਾਂ) ਮੈਂ ਆਪਣੇ ਪਿਆਰੇ ਖਸਮ-ਪ੍ਰਭੂ ਨੂੰ ਮਿਲ ਪਵਾਂ ਤੇ ਆਪਣੇ ਸਾਰੇ ਦੁੱਖ ਦੂਰ ਕਰ ਲਵਾਂ।
17578	383	ਪਾਰਬ੍ਰਹਮੁ ਜਿਨਿ ਰਿਦੈ ਅਰਾਧਿਆ ਤਾ ਕੈ ਸੰਗਿ ਤਰਉ ਰੇ॥੧॥ਰਹਾਉ॥		Paarabreham Jinih Ridhai Araadhhiaa Thaa Kai Sang Tharo Rae ||1|| Rehaao ||	I am saved and carried across, in the company of those who remember the Supreme Lord God in their hearts. ||1||Pause||	ਹੇ ਭਾਈ! ਜਿਸ ਮਨੁੱਖ ਨੇ ਪਾਰਬ੍ਰਹਮ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਸਿਮਰਿਆ ਹੈ, ਮੈਂ ਭੀ ਉਸ ਦੀ ਸੰਗਤਿ ਵਿਚ ਰਹਿ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਵਾਂ ॥੧॥ ਰਹਾਉ ॥
17579	383	ਮਹਾ ਉਦਿਆਨ ਪਾਵਕ ਸਾਗਰ ਭਏ ਹਰਖ ਸੋਗ ਮਹਿ ਬਸਨਾ॥	(ਉਦਿਆਨ) ਉਜਾੜ	Mehaa Oudhiaan Paavak Saagar Bheae Harakh Sog Mehi Basanaa ||	This world is a great wilderness, an ocean of fire, in which mortals abide, in pleasure and pain.	(ਹੇ ਭਾਈ! ਪ੍ਰਭੂ ਤੋਂ ਵਿਛੁੜਿਆਂ ਇਹ ਜਗਤ ਮਨੁੱਖ ਵਾਸਤੇ) ਇਕ ਵੱਡਾ ਜੰਗਲ ਬਣ ਜਾਂਦਾ ਹੈ (ਜਿਸ ਵਿਚ ਮਨੁੱਖ ਭਟਕਦਾ ਫਿਰਦਾ ਹੈ) ਅੱਗ ਦਾ ਸਮੁੰਦਰ ਬਣ ਜਾਂਦਾ ਹੈ (ਜਿਸ ਵਿਚ ਮਨੁੱਖ ਸੜਦਾ ਰਹਿੰਦਾ ਹੈ) ਕਦੇ ਖ਼ੁਸ਼ੀ ਵਿਚ ਵੱਸਦਾ ਹੈ, ਕਦੇ ਗ਼ਮੀ ਵਿਚ ਵੱਸਦਾ ਹੈ।

17580	383	ਸਤਿਗੁਰੁ ਭੇਟਿ ਭਇਆ ਮਨੁ ਨਿਰਮਲੁ ਜਪਿ ਅੰਮ੍ਰਿਤੁ ਹਰਿ ਰਸਨਾ॥੨॥		Sathigur Bhaett Bhaeiaa Man Niramal Jap Anmrith Har Rasanaa ||2||	Meeting with the True Guru, the mortal becomes immaculately pure; with his tongue, he chants the Ambrosial Name of the Lord. ||2||	ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜੀਭ ਨਾਲ ਜਪ ਕੇ ਉਸ ਮਨੁੱਖ ਦਾ ਮਨ ਪਵਿਤ੍ਰ ਹੋ ਜਾਂਦਾ ਹੈ ॥੨॥
17581	383	ਤਨੁ ਧਨੁ ਥਾਪਿ ਕੀਓ ਸਭੁ ਅਪਨਾ ਕੋਮਲ ਬੰਧਨ ਬਾਂਧਿਆ॥		Than Dhhan Thhaap Keeou Sabh Apanaa Komal Bandhhan Baandhhiaa ||	He preserves his body and wealth, and takes everything as his own; such are the subtle bonds which bind him.	(ਹੇ ਭਾਈ!) ਇਸ ਸਰੀਰ ਨੂੰ ਆਪਣਾ ਮਿਥ ਕੇ, ਇਸ ਧਨ ਨੂੰ ਆਪਣਾ ਮੰਨ ਕੇ ਜੀਵ (ਮਾਇਆ ਦੇ ਮੋਹ ਦੇ) ਮਿੱਠੇ ਮਿੱਠੇ ਬੰਧਨਾਂ ਨਾਲ ਬੱਝੇ ਰਹਿੰਦੇ ਹਨ,
17582	383	ਗੁਰ ਪਰਸਾਦਿ ਭਏ ਜਨ ਮੁਕਤੇ ਹਰਿ ਹਰਿ ਨਾਮੁ ਅਰਾਧਿਆ॥੩॥		Gur Parasaadh Bheae Jan Mukathae Har Har Naam Araadhhiaa ||3||	By Guru's Grace, the mortal becomes liberated, meditating on the Name of the Lord, Har, Har. ||3||	ਪਰ ਜੇਹੜੇ ਮਨੁੱਖਾਂ ਨੇ ਪਰਮਾਤਮਾ ਦੇ ਨਾਮ ਦਾ ਆਰਾਧਨ ਕੀਤਾ ਉਹ ਗੁਰੂ ਦੀ ਕਿਰਪਾ ਨਾਲ (ਇਹਨਾਂ ਕੋਮਲ ਬੰਧਨਾਂ ਤੋਂ) ਆਜ਼ਾਦ ਹੋ ਜਾਂਦੇ ਹਨ ॥੩॥
17583	383	ਰਾਖਿ ਲੀਏ ਪ੍ਰਭਿ ਰਾਖਨਹਾਰੈ ਜੋ ਪ੍ਰਭ ਅਪੁਨੇ ਭਾਣੇ॥		Raakh Leeeae Prabh Raakhanehaarai Jo Prabh Apunae Bhaanae ||	God, the Savior, has saved those, who are pleasing to the Will of God.	(ਹੇ ਭਾਈ!) ਜੇਹੜੇ ਮਨੁੱਖ, ਪਿਆਰੇ ਪ੍ਰਭੂ ਨੂੰ ਚੰਗੇ ਲੱਗਣ ਲੱਗ ਪੈਂਦੇ ਹਨ, ਉਹਨਾਂ ਨੂੰ (ਮਾਇਆ ਦੇ ਕੋਮਲ ਬੰਧਨਾਂ ਤੋਂ) ਬਚਾਣ ਦੀ ਤਾਕਤ ਵਾਲੇ ਪ੍ਰਭੂ ਨੇ ਬਚਾ ਲਿਆ।

17584	383	ਜੀਉ ਪਿੰਡੁ ਸਭੁ ਤੁਮ੍ਹਰਾ ਦਾਤੇ ਨਾਨਕ ਸਦ ਕੁਰਬਾਣੇ॥੪॥੧੧॥੫੦॥		Jeeo Pindd Sabh Thumharaa Dhaathae Naanak Sadh Kurabaanae ||4||11||50||	The soul and body are all Yours, O Great Giver; O Nanak, I am forever a sacrifice. ||4||11||50||	ਹੇ ਨਾਨਕ! (ਆਖ-) ਹੇ ਦਾਤਾਰ! ਇਹ ਜਿੰਦ ਤੇ ਇਹ ਸਰੀਰ ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ (ਮੇਹਰ ਕਰ, ਮੈਂ ਇਹਨਾਂ ਨੂੰ ਆਪਣਾ ਹੀ ਨਾਹ ਮਿਥਦਾ ਰਹਾਂ)। ਹੇ ਦਾਤਾਰ! ਮੈਂ ਤੈਥੋਂ ਕੁਰਬਾਨ ਜਾਂਦਾ ਹਾਂ ॥੪॥੧੧॥੫੦॥
17585	383	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17586	383	ਮੋਹ ਮਲਨ ਨੀਦ ਤੇ ਛੁਟਕੀ ਕਉਨੁ ਅਨੁਗ੍ਰਹੁ ਭਇਓ ਰੀ॥	(ਮਲਨ) ਮੈਲ਼ਾ। (ਅ-ਨੁੱਗ੍ਰਹੁ) ਕ੍ਰਿਪਾ	Moh Malan Needh Thae Shhuttakee Koun Anugrahu Bhaeiou Ree ||	You have avoided the slumber of attachment and impurity - by whose favor has this happened?	ਹੇ ਸਹੇਲੀ! ਤੂੰ ਮਨ ਨੂੰ ਮੈਲਾ ਕਰਨ ਵਾਲੀ ਮੋਹ ਦੀ ਨੀਂਦ ਤੋਂ ਬਚ ਗਈ ਹੈਂ, ਤੇਰੇ ਉਤੇ ਕੇਹੜੀ ਕਿਰਪਾ ਹੋਈ ਹੈ?
17587	383	ਮਹਾ ਮੋਹਨੀ ਤੁਧੁ ਨ ਵਿਆਪੈ ਤੇਰਾ ਆਲਸੁ ਕਹਾ ਗਇਓ ਰੀ॥੧॥ਰਹਾਉ॥	(ਮਹਾ ਮੋਹਨੀ) ਮਾਇਆ	Mehaa Mohanee Thudhh N Viaapai Thaeraa Aalas Kehaa Gaeiou Ree ||1|| Rehaao ||	The great enticer does not affect you. Where has your laziness gone? ||1||Pause||	(ਜੀਵਾਂ ਦੇ ਮਨ ਨੂੰ) ਮੋਹ ਲੈਣ ਵਾਲੀ ਬਲੀ ਮਾਇਆ ਭੀ ਤੇਰੇ ਉਤੇ ਜ਼ੋਰ ਨਹੀਂ ਪਾ ਸਕਦੀ, ਤੇਰਾ ਆਲਸ ਭੀ ਸਦਾ ਲਈ ਮੁੱਕ ਗਿਆ ਹੈ ॥੧॥ ਰਹਾਉ ॥
17588	384	ਕਾਮੁ ਕ੍ਰੋਧੁ ਅਹੰਕਾਰੁ ਗਾਖਰੋ ਸੰਜਮਿ ਕਉਨ ਛੁਟਿਓ ਰੀ॥	(ਗੱਖਰੋ)ਕਠਨ	Kaam Krodhh Ahankaar Gaakharo Sanjam Koun Shhuttiou Ree ||	How have you escaped from the treachery of sexual desire, anger and egotism?	ਹੇ ਭੈਣ! ਇਹ ਕਾਮ ਕ੍ਰੋਧ, ਇਹ ਅਹੰਕਾਰ (ਜੀਵਾਂ ਨੂੰ ਇਹ ਹਰੇਕ) ਬੜੀ ਔਖਿਆਈ ਦੇਣ ਵਾਲਾ ਹੈ, (ਤੇਰੇ ਅੰਦਰੋਂ) ਕਿਸ ਜੁਗਤਿ ਨਾਲ ਇਹਨਾਂ ਦਾ ਨਾਸ ਹੋਇਆ ਹੈ?

17589	384	ਸੁਰਿ ਨਰ ਦੇਵ ਅਸੁਰ ਤ੍ਰੈ ਗੁਨੀਆ ਸਗਲੋ ਭਵਨੁ ਲੁਟਿਓ ਰੀ॥੧॥	(ਸੁਰਿ ਨਰ) ਭਲੇ ਪੁਰਸ਼। (ਦੇਵ) ਦੇਵਤੇ। (ਅ-ਸੁਰ) ਦੈਂਤ। (ਤ੍ਰੈ ਗੁਨੀਆ) ਤ੍ਰੈ ਗੁਣੀ ਜੀਵ। ਲੁੱਟਿਓ	Sur Nar Dhaev Asur Thrai Guneeaa Sagalo Bhavan Luttiou Ree ||1||	The holy beings, angels and demons of the three qualities, and all the worlds have been plundered. ||1||	ਹੇ ਭੈਣ! ਭਲੇ ਮਨੁੱਖ, ਦੇਵਤੇ, ਦੈਂਤ, ਸਾਰੇ ਤ੍ਰੈ-ਗੁਣੀ ਜੀਵ-ਸਾਰਾ ਜਗਤ ਹੀ ਇਨ੍ਹਾਂ ਨੇ ਲੁੱਟ ਲਿਆ ਹੈ (ਸਾਰੇ ਜਗਤ ਦਾ ਆਤਮਕ ਜੀਵਨ ਦਾ ਸਰਮਾਇਆ ਇਹਨਾਂ ਲੁੱਟ ਲਿਆ ਹੈ) ॥੧॥
17590	384	ਦਾਵਾ ਅਗਨਿ ਬਹੁਤੁ ਤ੍ਰਿਣ ਜਾਲੇ ਕੋਈ ਹਰਿਆ ਬੂਟੁ ਰਹਿਓ ਰੀ॥	(ਦਾਵਾ) ਜੰਗਲ ਦੀ (ਅਗਨਿ) ਅੱਗ	Dhaavaa Agan Bahuth Thrin Jaalae Koee Hariaa Boott Rehiou Ree ||	The forest fire has burnt down so much of the grass; how rare are the plants which have remained green.	ਹੇ ਸਹੇਲੀ! ਜਦੋਂ ਜੰਗਲ ਨੂੰ ਅੱਗ ਲੱਗਦੀ ਹੈ ਤਾਂ ਬਹੁਤ ਸਾਰਾ ਘਾਹ-ਬੂਟ ਸੜ ਜਾਂਦਾ ਹੈ, ਕੋਈ ਵਿਰਲਾ ਹਰਾ ਰੁੱਖ ਬਚਦਾ ਹੈ।
17591	384	ਐਸੋ ਸਮਰਥੁ ਵਰਨਿ ਨ ਸਾਕਉ ਤਾ ਕੀ ਉਪਮਾ ਜਾਤ ਨ ਕਹਿਓ ਰੀ॥੨॥	(ਵਰਨਿ) ਬਿਆਨ। ਸਮਰੱਥੁ	Aiso Samarathh Varan N Saako Thaa Kee Oupamaa Jaath N Kehiou Ree ||2||	He is so All-powerful, that I cannot even describe Him; no one can chant His Praises. ||2||	(ਜਗਤ-ਜੰਗਲ ਨੂੰ ਤ੍ਰਿਸ਼ਨਾ ਦੀ ਅੱਗ ਸਾੜ ਰਹੀ ਹੈ, ਕੋਈ ਵਿਰਲਾ ਆਤਮਕ ਬਲੀ ਮਨੁੱਖ ਬਚ ਸਕਦਾ ਹੈ, ਜੇਹੜਾ ਇਸ ਤ੍ਰਿਸ਼ਨਾ-ਅੱਗ ਦੀ ਸੜਨ ਤੋਂ ਬਚਿਆ ਹੈ।) ਐਸੇ ਬਲੀ ਮਨੁੱਖ ਦੀ ਆਤਮਕ ਅਵਸਥਾ ਮੈਂ ਬਿਆਨ ਨਹੀਂ ਕਰ ਸਕਦੀ, ਮੈਂ ਦੱਸ ਨਹੀਂ ਸਕਦੀ ਕਿ ਉਸ ਵਰਗਾ ਹੋਰ ਕੌਣ ਹੋ ਸਕਦਾ ਹੈ ॥੨॥

17592	384	ਕਾਜਰ ਕੋਠ ਮਹਿ ਭਈ ਨ ਕਾਰੀ ਨਿਰਮਲ ਬਰਨੁ ਬਨਿਓ ਰੀ॥	(ਕਾਜਰ) ਕੱਜਲ ਦੀ (ਕੋਠ) ਕੋਠਰੀ। (ਕਾਰੀ) ਕਾਲ਼ੀ। (ਬਰਨੁ) ਰੰਗ	Kaajar Koth Mehi Bhee N Kaaree Niramal Baran Baniou Ree ||	In the store-room of the lamp-black, I did not turn black; my color remained immaculate and pure.	(ਨੋਟ: ਉਪਰਲੇ ਪ੍ਰਸ਼ਨ ਦਾ ਉੱਤਰ-) ਹੇ ਭੈਣ! ਕੱਜਲ-ਭਰੀ ਕੋਠੜੀ (ਸੰਸਾਰ ਵਿਚ ਰਹਿੰਦਿਆਂ ਭੀ) ਮੈਂ ਵਿਕਾਰਾਂ ਦੀ (ਕਾਲਖ ਨਾਲ) ਕਾਲੀ ਨਹੀਂ ਹੋਈ, ਮੇਰਾ ਸਾਫ਼-ਸੁਥਰਾ ਰੰਗ ਹੀ ਟਿਕਿਆ ਰਿਹਾ ਹੈ,
17593	384	ਮਹਾ ਮੰਤ੍ਰੁ ਗੁਰ ਹਿਰਦੈ ਬਸਿਓ ਅਚਰਜ ਨਾਮੁ ਸੁਨਿਓ ਰੀ॥੩॥	ਅ-ਚਰਜ	Mehaa Manthra Gur Hiradhai Basiou Acharaj Naam Suniou Ree ||3||	The Guru has implanted the Maha Mantra, the Great Mantra, within my heart, and I have heard the wondrous Naam, the Name of the Lord. ||3||	(ਕਿਉਂਕਿ) ਮੇਰੇ ਹਿਰਦੇ ਵਿਚ ਸਤਿਗੁਰੂ ਦਾ (ਸ਼ਬਦ-ਰੂਪ) ਬੜਾ ਬਲੀ ਮੰਤਰ ਵੱਸ ਰਿਹਾ ਹੈ, ਮੈਂ ਅਸਚਰਜ (ਤਾਕਤ ਵਾਲੇ) ਪ੍ਰਭੂ ਦਾ ਨਾਮ ਸੁਣਦੀ ਰਹਿੰਦੀ ਹਾਂ ॥੩॥
17594	384	ਕਰਿ ਕਿਰਪਾ ਪ੍ਰਭ ਨਦਰਿ ਅਵਲੋਕਨ ਅਪੁਨੈ ਚਰਣਿ ਲਗਾਈ॥	(ਅਵਲੋਕਨ) ਦੇਖਣਾ	Kar Kirapaa Prabh Nadhar Avalokan Apunai Charan Lagaaee ||	Showing His Mercy, God has looked upon me with favor, and He has attached me to His feet.	ਹੇ ਭੈਣ! ਪ੍ਰਭੂ ਨੇ ਕਿਰਪਾ ਕਰ ਕੇ ਆਪਣੀ (ਮੇਹਰ ਦੀ) ਨਿਗਾਹ ਨਾਲ ਮੈਨੂੰ ਤੱਕਿਆ, ਮੈਨੂੰ ਆਪਣੇ ਚਰਨਾਂ ਵਿਚ ਜੋੜੀ ਰੱਖਿਆ,

17595	384	ਪ੍ਰੇਮ ਭਗਤਿ ਨਾਨਕ ਸੁਖੁ ਪਾਇਆ ਸਾਧੂਸੰਗਿ ਸਮਾਈ॥੪॥੧੨॥੫੧॥		Praem Bhagath Naanak Sukh Paaeiaa Saadhhoo Sang Samaaee ||4||12||51||	Through loving devotional worship, O Nanak, I have obtained peace; in the Saadh Sangat, the Company of the Holy, I am absorbed into the Lord. ||4||12||51||	ਮੈਨੂੰ ਉਸ ਦਾ ਪ੍ਰੇਮ ਪ੍ਰਾਪਤ ਹੋਇਆ। ਹੇ ਨਾਨਕ! (ਆਖ-) ਮੈਨੂੰ ਉਸ ਦੀ ਭਗਤੀ (ਦੀ ਦਾਤਿ) ਮਿਲੀ, ਮੈਂ (ਤ੍ਰਿਸ਼ਨਾ-ਅੱਗ ਵਿਚ ਸੜ ਰਹੇ ਸੰਸਾਰ ਵਿਚ ਭੀ) ਆਤਮਕ ਆਨੰਦ ਮਾਣ ਰਹੀ ਹਾਂ, ਮੈਂ ਸਾਧ ਸੰਗਤਿ ਵਿਚ ਲੀਨ ਰਹਿੰਦੀ ਹਾਂ ॥੪॥੧੨॥੫੧॥
17596	384	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
17597	384	ਰਾਗੁ ਆਸਾ ਘਰੁ ੭ ਮਹਲਾ ੫॥		Raag Aasaa Ghar 7 Mehalaa 5 ||	Raag Aasaa, Seventh House, Fifth Mehl:	ਰਾਗ ਆਸਾ, ਘਰ ੭ ਵਿੱਚ ਗੁਰੂ ਅਰਜਨ ਦੇਵ ਜੀ ਦੀ ਬਾਣੀ।
17598	384	ਲਾਲੁ ਚੋਲਨਾ ਤੈ ਤਨਿ ਸੋਹਿਆ॥	(ਚੋਲਨਾ) ਚੋਲ਼ਾ	Laal Cholanaa Thai Than Sohiaa ||	That red dress looks so beautiful on your body.	(ਹੇ ਭੈਣ!) ਤੇਰੇ ਸਰੀਰ ਉਤੇ ਲਾਲ ਰੰਗ ਦਾ ਚੋਲਾ ਸੋਹਣਾ ਲੱਗ ਰਿਹਾ ਹੈ।
17599	384	ਸੁਰਿਜਨ ਭਾਨੀ ਤਾਂ ਮਨੁ ਮੋਹਿਆ॥੧॥	(ਸੁਰਿਜਨ)ਪਿਆਰੇ ਅਕਾਲ ਪੁਰਖ। (ਭਾਨੀ) ਭਾਇਆ	Surijan Bhaanee Thaan Man Mohiaa ||1||	Your Husband Lord is pleased, and His heart is enticed. ||1||	(ਤੇਰੇ ਮੂੰਹ ਦੀ ਲਾਲੀ ਸੋਹਣੀ ਡਲ੍ਹਕ ਮਾਰ ਰਹੀ ਹੈ ਸ਼ਾਇਦ) ਤੂੰ ਸੱਜਣ-ਹਰੀ ਨੂੰ ਪਿਆਰੀ ਲੱਗ ਰਹੀ ਹੈਂ, ਤਾਹੀਏਂ ਤੂੰ ਮੇਰਾ ਮਨ (ਭੀ) ਮੋਹ ਲਿਆ ਹੈ ॥੧॥
17600	384	ਕਵਨ ਬਨੀ ਰੀ ਤੇਰੀ ਲਾਲੀ॥	ਲੱਾਲੀ	Kavan Banee Ree Thaeree Laalee ||	Whose handiwork is this red beauty of yours?	ਹੇ ਭੈਣ! (ਦੱਸ,) ਤੇਰੇ ਚੇਹਰੇ ਉਤੇ ਲਾਲੀ ਕਿਵੇਂ ਆ ਬਣੀ ਹੈ?

17601	384	ਕਵਨ ਰੰਗਿ ਤੂੰ ਭਈ ਗੁਲਾਲੀ॥੧॥ਰਹਾਉ ॥		Kavan Rang Thoon Bhee Gulaalee ||1|| Rehaao ||	Whose love has rendered the poppy so red? ||1||Pause||	ਕਿਸ ਰੰਗ ਦੀ ਬਰਕਤਿ ਨਾਲ ਤੂੰ ਸੋਹਣੇ ਗੂੜ੍ਹੇ ਰੰਗ ਵਾਲੀ ਬਣ ਗਈ ਹੈਂ? ॥੧॥ ਰਹਾਉ ॥
17602	384	ਤੁਮ ਹੀ ਸੁੰਦਰਿ ਤੁਮਹਿ ਸੁਹਾਗੁ॥		Thum Hee Sundhar Thumehi Suhaag ||	You are so beautiful; you are the happy soul-bride.	ਹੇ ਭੈਣ! ਤੂੰ ਬੜੀ ਸੋਹਣੀ ਦਿੱਸ ਰਹੀ ਹੈਂ, ਤੇਰਾ ਸੁਹਾਗ-ਭਾਗ ਉੱਘੜ ਆਇਆ ਹੈ।
17603	384	ਤੁਮ ਘਰਿ ਲਾਲਨੁ ਤੁਮ ਘਰਿ ਭਾਗੁ॥੨॥	(ਲਾਲਨੁ) ਪਿਆਰੇ ਹਰਿ ਜੀ	Thum Ghar Laalan Thum Ghar Bhaag ||2||	Your Beloved is in your home; good fortune is in your home. ||2||	(ਇਉਂ ਜਾਪਦਾ ਹੈ ਕਿ) ਤੇਰੇ ਹਿਰਦੇ-ਘਰ ਵਿਚ ਪ੍ਰੀਤਮ-ਪ੍ਰਭੂ ਆ ਵੱਸਿਆ ਹੈ; ਤੇਰੇ ਹਿਰਦੇ-ਘਰ ਵਿਚ ਕਿਸਮਤ ਜਾਗ ਪਈ ਹੈ ॥੨॥
17604	384	ਤੂੰ ਸਤਵੰਤੀ ਤੂੰ ਪਰਧਾਨਿ॥		Thoon Sathavanthee Thoon Paradhhaan ||	You are pure and chaste, you are most distinguished.	ਹੇ ਭੈਣ! ਤੂੰ ਸੁੱਚੇ ਆਚਰਨ ਵਾਲੀ ਹੋ ਗਈ ਹੈਂ ਤੂੰ ਹੁਣ ਸਭ ਥਾਂ ਆਦਰ-ਮਾਣ ਪਾ ਰਹੀ ਹੈਂ।
17605	384	ਤੂੰ ਪ੍ਰੀਤਮ ਭਾਨੀ ਤੁਹੀ ਸੁਰਗਿਆਨਿ॥੩॥	(ਸੁਰ-ਗਿਆਨਿ) ਸ੍ਰੇਸਟ ਗਿਆਨ	Thoon Preetham Bhaanee Thuhee Sur Giaan ||3||	You are pleasing to Your Beloved, and you have sublime understanding. ||3||	(ਜੇ) ਤੂੰ ਪ੍ਰੀਤਮ-ਪ੍ਰਭੂ ਨੂੰ ਚੰਗੀ ਲੱਗ ਰਹੀ ਹੈਂ (ਤਾਂ) ਤੂੰ ਸ੍ਰੇਸ਼ਟ ਗਿਆਨ ਵਾਲੀ ਬਣ ਗਈ ਹੈਂ ॥੩॥
17606	384	ਪ੍ਰੀਤਮ ਭਾਨੀ ਤਾਂ ਰੰਗਿ ਗੁਲਾਲ॥		Preetham Bhaanee Thaan Rang Gulaal ||	I am pleasing to my Beloved, and so I am imbued with the deep red color.	(ਹੇ ਭੈਣ! ਮੈਂ) ਪ੍ਰੀਤਮ-ਪ੍ਰਭੂ ਨੂੰ ਚੰਗੀ ਲੱਗ ਗਈ ਹਾਂ, ਤਾਹੀਏਂ, ਮੈਂ ਗੂੜ੍ਹੇ ਪ੍ਰੇਮ-ਰੰਗ ਵਿਚ ਰੰਗੀ ਗਈ ਹਾਂ।

17607	384	ਕਹੁ ਨਾਨਕ ਸੁਭ ਦ੍ਰਿਸਟਿ ਨਿਹਾਲ॥੪॥		Kahu Naanak Subh Dhrisatt Nihaal ||4||	Says Nanak, I have been totally blessed with the Lord's Glance of Grace. ||4||	ਨਾਨਕ ਆਖਦਾ ਹੈ- ਉਹ ਪ੍ਰੀਤਮਪ੍ਰਭੂ ਮੈਨੂੰ ਚੰਗੀ (ਪਿਆਰ-ਭਰੀ) ਨਿਗਾਹ ਨਾਲ ਤੱਕਦਾ ਹੈ ॥੪॥
17608	384	ਸੁਨਿ ਰੀ ਸਖੀ ਇਹ ਹਮਰੀ ਘਾਲ॥	(ਘਾਲ) ਮਿਹਨਤ	Sun Ree Sakhee Eih Hamaree Ghaal ||	Listen, O companions: this is my only work;	(ਪਰ) ਹੇ ਸਹੇਲੀ! ਤੂੰ ਪੁੱਛਦੀ ਹੈਂ (ਮੈਂ ਕੇਹੜੀ ਮੇਹਨਤ ਕੀਤੀ, ਬੱਸ!) ਇਹੀ ਹੈ ਮੇਹਨਤ ਜੋ ਮੈਂ ਕੀਤੀ,
17609	384	ਪ੍ਰਭ ਆਪਿ ਸੀਗਾਰਿ ਸਵਾਰਨਹਾਰ॥੧॥ਰਹਾਉ ਦੂਜਾ॥੧॥੫੨॥		Prabh Aap Seegaar Savaaranehaar ||1|| Rehaao Dhoojaa ||1||52||	God Himself is the One who embellishes and adorns. ||1||Second Pause||1||52||	ਕਿ ਉਸ ਸੁੰਦਰਤਾ ਦੀ ਦਾਤਿ ਦੇਣ ਵਾਲੇ ਪ੍ਰਭੂ ਨੇ ਆਪ ਹੀ ਮੈਨੂੰ (ਆਪਣੇ ਪਿਆਰ ਦੀ ਦਾਤਿ ਦੇ ਕੇ) ਸੋਹਣੀ ਬਣਾ ਲਿਆ ਹੈ।੧।ਰਹਾਉ ਦੂਜਾ ॥੧॥ਰਹਾਉ ਦੂਜਾ॥੧॥੫੨॥
17610	384	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17611	384	ਦੂਖੁ ਘਨੋ ਜਬ ਹੋਤੇ ਦੂਰਿ॥	(ਘਨੋ) ਬਹੁਤ	Dhookh Ghano Jab Hothae Dhoor ||	I suffered in pain, when I thought He was far away;	ਹੇ ਸਖੀ! ਹੇ ਸਹੇਲੀ! ਜਦੋਂ ਮੈਂ ਪ੍ਰਭੂ-ਚਰਨਾਂ ਤੋਂ ਦੂਰ ਰਹਿੰਦੀ ਸਾਂ ਮੈਨੂੰ ਬਹੁਤ ਦੁੱਖ (ਵਾਪਰਦਾ ਰਹਿੰਦਾ ਸੀ।)

17612	384	ਅਬ ਮਸਲਤਿ ਮੋਹਿ ਮਿਲੀ ਹਦੂਰਿ॥੧॥	(:ਪੋਲਾ ਬੋਲੋ ਮਸ-ਲਤਿ) ਸਲਾਹ	Ab Masalath Mohi Milee Hadhoor ||1||	But now, He is Ever-present, and I receive His instructions. ||1||	ਹੁਣ (ਗੁਰੂ ਦੀ) ਸਿੱਖਿਆ ਦੀ ਬਰਕਤਿ ਨਾਲ ਮੈਨੂੰ (ਪ੍ਰਭੂ ਦੀ) ਹਜ਼ੂਰੀ ਪ੍ਰਾਪਤ ਹੋ ਗਈ ਹੈ (ਮੈਂ ਪ੍ਰਭੂ-ਚਰਨਾਂ ਵਿਚ ਟਿਕੀ ਰਹਿੰਦੀ ਹਾਂ, ਇਸ ਵਾਸਤੇ ਕੋਈ ਦੁੱਖ-ਕਲੇਸ਼ ਮੈਨੂੰ ਪੋਹ ਨਹੀਂ ਸਕਦਾ) ॥੧॥
17613	384	ਚੁਕਾ ਨਿਹੋਰਾ ਸਖੀ ਸਹੇਰੀ॥	(ਨਿਹੋਰਾ) ਅਹਸਾਨ। ਚੁੱਕਾ	Chukaa Nihoraa Sakhee Sehaeree ||	My pride is gone, O friends and companions;	ਹੇ ਸਖੀ! ਹੇ ਸਹੇਲੀ! (ਪ੍ਰਭੂ-ਚਰਨਾਂ ਤੋਂ ਪਹਿਲੇ ਵਿਛੋੜੇ ਦੇ ਕਾਰਨ ਪੈਦਾ ਹੋਏ ਦੁੱਖਾਂ ਕਲੇਸ਼ਾਂ ਦਾ) ਉਲਾਹਮਾ ਦੇਣਾ ਮੁੱਕ ਗਿਆ ਹੈ।
17614	384	ਭਰਮੁ ਗਇਆ ਗੁਰਿ ਪਿਰ ਸੰਗਿ ਮੇਰੀ॥੧॥ਰਹਾਉ॥		Bharam Gaeiaa Gur Pir Sang Maeree ||1|| Rehaao ||	My doubt is dispelled, and the Guru has united me with my Beloved. ||1||Pause||	ਹੁਣ ਮੇਰੀ ਭਟਕਣਾ ਦੂਰ ਹੋ ਗਈ ਹੈ। ਮੈਨੂੰ ਗੁਰੂ ਨੇ ਪਤੀ-ਪ੍ਰਭੂ ਦੇ ਨਾਲ ਮਿਲਾ ਦਿੱਤਾ ਹੈ ॥੧॥ ਰਹਾਉ ॥
17615	384	ਨਿਕਟਿ ਆਨਿ ਪ੍ਰਿਅ ਸੇਜ ਧਰੀ॥		Nikatt Aan Pria Saej Dhharee ||	My Beloved has drawn me near to Him, and seated me on His Bed;	ਹੇ ਸਖੀ! (ਗੁਰੂ ਨੇ) ਮੈਨੂੰ ਪ੍ਰਭੂ-ਚਰਨਾਂ ਦੇ ਨੇੜੇ ਲਿਆ ਕੇ ਪਿਆਰੇ ਪ੍ਰਭੂ-ਪਤੀ ਦੀ ਸੇਜ ਉਤੇ ਬਿਠਾਲ ਦਿੱਤਾ ਹੈ (ਪ੍ਰਭੂ-ਚਰਨਾਂ ਵਿਚ ਜੋੜ ਦਿੱਤਾ ਹੈ)।
17616	384	ਕਾਣਿ ਕਢਨ ਤੇ ਛੂਟਿ ਪਰੀ॥੨॥	(ਕਾਣਿ) ਮੁਥਾਜੀ	Kaan Kadtan Thae Shhoott Paree ||2||	I have escaped the clutches of others. ||2||	ਹੁਣ (ਧਿਰ ਧਿਰ ਦੀ) ਮੁਥਾਜੀ ਕਰਨ ਤੋਂ ਮੈਂ ਬਚ ਗਈ ਹਾਂ ॥੨॥

17617	384	ਮੰਦਰਿ ਮੇਰੈ ਸਬਦਿ ਉਜਾਰਾ॥		Mandhar Maerai Sabadh Oujaaraa ||	In the mansion of my heart, shines the Light of the Shabad.	(ਹੇ ਸਖੀ! ਹੇ ਸਹੇਲੀ!) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮੇਰੇ ਹਿਰਦੇ-ਮੰਦਰ ਵਿਚ (ਸਹੀ ਆਤਮਕ ਜੀਵਨ ਦਾ) ਚਾਨਣ ਹੋ ਗਿਆ ਹੈ।
17618	384	ਅਨਦ ਬਿਨੋਦੀ ਖਸਮੁ ਹਮਾਰਾ॥੩॥	(ਬਿਨੋਦੀ) ਕੌਤਕੀ	Anadh Binodhee Khasam Hamaaraa ||3||	My Husband Lord is blissful and playful. ||3||	ਸਾਰੇ ਆਨੰਦਾਂ ਤੇ ਚੋਜ-ਤਮਾਸ਼ਿਆਂ ਦਾ ਮਾਲਕ ਮੇਰਾ ਖਸਮ-ਪ੍ਰਭੂ (ਮੈਨੂੰ ਮਿਲ ਗਿਆ ਹੈ) ॥੩॥
17619	384	ਮਸਤਕਿ ਭਾਗੁ ਮੈ ਪਿਰੁ ਘਰਿ ਆਇਆ॥		Masathak Bhaag Mai Pir Ghar Aaeiaa ||	According to the destiny written upon my forehead, my Husband Lord has come home to me.	(ਹੇ ਸਖੀ!) ਮੇਰੇ ਮੱਥੇ ਉਤੇ (ਦਾ) ਭਾਗ ਜਾਗ ਪਿਆ ਹੈ (ਕਿਉਂਕਿ) ਮੇਰਾ ਪਤੀ-ਪ੍ਰਭੂ ਮੇਰੇ (ਹਿਰਦੇ-) ਘਰ ਵਿਚ ਆ ਗਿਆ ਹੈ,
17620	384	ਥਿਰੁ ਸੋਹਾਗੁ ਨਾਨਕ ਜਨ ਪਾਇਆ॥੪॥੨॥੫੩॥		Thhir Sohaag Naanak Jan Paaeiaa ||4||2||53||	Servant Nanak has obtained the eternal marriage. ||4||2||53||	ਹੇ ਦਾਸ ਨਾਨਕ! (ਆਖ) ਮੈਂ ਹੁਣ ਉਹ ਸੁਹਾਗ ਲੱਭ ਲਿਆ ਹੈ ॥੪॥੨॥੫੩॥
17621	384	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17622	384	ਸਾਚਿ ਨਾਮਿ ਮੇਰਾ ਮਨੁ ਲਾਗਾ॥		Saach Naam Maeraa Man Laagaa ||	My mind is attached to the True Name.	(ਹੇ ਭਾਈ!) ਮੇਰਾ ਮਨ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ (ਸਦਾ) ਜੁੜਿਆ ਰਹਿੰਦਾ ਹੈ,

17623	384	ਲੋਗਨ ਸਿਉ ਮੇਰਾ ਠਾਠਾ ਬਾਗਾ॥੧॥	(ਠਾਠਾ ਬਾਗਾ) ਬਾਹਰ ਦਾ ਮੇਲ ਜੋਲ	Logan Sio Maeraa Thaathaa Baagaa ||1||	My dealings with other people are only superficial. ||1||	ਦੁਨੀਆ ਦੇ ਲੋਕਾਂ ਨਾਲ ਮੇਰਾ ਉਤਨਾ ਕੁ ਹੀ ਵਰਤਣ-ਵਿਹਾਰ ਹੈ ਜਿਤਨੇ ਦੀ ਅੱਤ ਜ਼ਰੂਰੀ ਲੋੜ ਪੈਂਦੀ ਹੈ ॥੧॥
17624	384	ਬਾਹਰਿ ਸੂਤੁ ਸਗਲ ਸਿਉ ਮਉਲਾ॥	(ਸੂਤੁ) ਨੇਕ ਵਰਤਾਉ (ਮਉੱਲਾ) ਖੇੜੇ ਵਾਲਾ	Baahar Sooth Sagal Sio Moulaa ||	Outwardly, I am on good terms with all;	(ਹੇ ਭਾਈ!) ਦੁਨੀਆ ਨਾਲ ਵਰਤਣ-ਵਿਹਾਰ ਸਮੇ ਮੈਂ ਸਭਨਾਂ ਨਾਲ ਪਿਆਰ ਵਾਲਾ ਸੰਬੰਧ ਰੱਖਦਾ ਹਾਂ,
17625	384	ਅਲਿਪਤੁ ਰਹਉ ਜੈਸੇ ਜਲ ਮਹਿ ਕਉਲਾ॥੧॥ਰਹਾਉ॥	(ਅ-ਲਿਪਤੁ) ਨਿਰਲੇਪ। (:ਪੋਲਾ ਬੋਲੋ ਕਉਲਾ) ਕਵਲ ਫੁੱਲ	Alipath Reho Jaisae Jal Mehi Koulaa ||1|| Rehaao ||	But I remain detached, like the lotus upon the water. ||1||Pause||	(ਪਰ ਦੁਨੀਆ ਨਾਲ ਵਰਤਦਾ ਹੋਇਆ ਭੀ ਦੁਨੀਆ ਨਾਲ ਇਉਂ) ਨਿਰਲੇਪ ਰਹਿੰਦਾ ਹਾਂ ਜਿਵੇਂ ਪਾਣੀ ਵਿਚ (ਟਿਕਿਆ ਹੋਇਆ ਭੀ) ਕੌਲ-ਫੁੱਲ (ਪਾਣੀ ਤੋਂ ਨਿਰਲੇਪ ਰਹਿੰਦਾ ਹੈ) ॥੧॥ ਰਹਾਉ ॥
17626	384	ਮੁਖ ਕੀ ਬਾਤ ਸਗਲ ਸਿਉ ਕਰਤਾ॥		Mukh Kee Baath Sagal Sio Karathaa ||	By word of mouth, I talk with everyone;	(ਹੇ ਭਾਈ!) ਮੈਂ ਸਭ ਲੋਕਾਂ ਨਾਲ (ਲੋੜ ਅਨੁਸਾਰ) ਮੂੰਹੋਂ ਤਾਂ ਗੱਲਾਂ ਕਰਦਾ ਹਾਂ,
17627	384	ਜੀਅ ਸੰਗਿ ਪ੍ਰਭੁ ਅਪੁਨਾ ਧਰਤਾ॥੨॥		Jeea Sang Prabh Apunaa Dhharathaa ||2||	But I keep God clasped to my heart. ||2||	(ਪਰ ਕਿਤੇ ਮੋਹ ਵਿਚ ਆਪਣੇ ਮਨ ਨੂੰ ਫਸਣ ਨਹੀਂ ਦੇਂਦਾ) ਆਪਣੇ ਹਿਰਦੇ ਵਿਚ ਮੈਂ ਸਿਰਫ਼ ਆਪਣੇ ਪਰਮਾਤਮਾ ਨੂੰ ਹੀ ਟਿਕਾਈ ਰੱਖਦਾ ਹਾਂ ॥੨॥

17628	384	ਦੀਸਿ ਆਵਤ ਹੈ ਬਹੁਤੁ ਭੀਹਾਲਾ॥	(ਭੀਹਾਲਾ)ਭੈਦਾਇਕ	Dhees Aavath Hai Bahuth Bheehaalaa ||	I may appear utterly terrible,	(ਹੇ ਭਾਈ! ਮੇਰੇ ਇਸ ਤਰ੍ਹਾਂ ਦੇ ਆਤਮਕ ਜੀਵਨ ਦੇ ਅੱਭਿਆਸ ਦੇ ਕਾਰਨ ਲੋਕਾਂ ਨੂੰ ਮੇਰਾ ਮਨ) ਬੜਾ ਰੁੱਖਾ ਕੋਰਾ ਦਿੱਸਦਾ ਹੈ;
17629	384	ਸਗਲ ਚਰਨ ਕੀ ਇਹੁ ਮਨੁ ਰਾਲਾ॥੩॥		Sagal Charan Kee Eihu Man Raalaa ||3||	But my mind is the dust of all men's feet.	ਪਰ (ਅਸਲ ਵਿਚ ਮੇਰਾ) ਇਹ ਮਨ ਸਭਨਾਂ ਦੇ ਚਰਨਾਂ ਦੀ ਧੂੜ ਬਣਿਆ ਰਹਿੰਦਾ ਹੈ ॥੩॥
17630	384	ਨਾਨਕ ਜਨਿ ਗੁਰੁ ਪੂਰਾ ਪਾਇਆ॥		Naanak Jan Gur Pooraa Paaeiaa ||	Servant Nanak has found the Perfect Guru.	ਹੇ ਨਾਨਕ! ਜਿਸ (ਭੀ) ਮਨੁੱਖ ਨੇ ਪੂਰਾ ਗੁਰੂ ਲੱਭ ਲਿਆ ਹੈ,
17631	385	ਅੰਤਰਿ ਬਾਹਰਿ ਏਕੁ ਦਿਖਾਇਆ॥੪॥੩॥ ੫੪॥		Anthar Baahar Eaek Dhikhaaeiaa ||4||3||54||	Inwardly and outwardly, He has shown me the One Lord. ||4||3||54||	(ਗੁਰੂ ਨੇ ਉਸ ਨੂੰ) ਉਸ ਦੇ ਅੰਦਰ ਤੇ ਬਾਹਰ ਸਾਰੇ ਜਗਤ ਵਿਚ ਇੱਕ ਪਰਮਾਤਮਾ ਹੀ ਵੱਸਦਾ ਵਿਖਾ ਦਿੱਤਾ ਹੈ (ਇਸ ਵਾਸਤੇ ਉਹ ਦੁਨੀਆ ਨਾਲ ਪਿਆਰ ਵਾਲਾ ਸਲੂਕ ਭੀ ਰੱਖਦਾ ਹੈ ਤੇ ਨਿਰਮੋਹ ਰਹਿ ਕੇ ਸੁਰਤਿ ਅੰਦਰ-ਵੱਸਦੇ ਪ੍ਰਭੂ ਵਿਚ ਹੀ ਜੋੜੀ ਰੱਖਦਾ ਹੈ) ॥੪॥੩॥੫੪॥
17632	385	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

17633	385	ਪਾਵਤੁ ਰਲੀਆ ਜੋਬਨਿ ਬਲੀਆ॥	(ਰਲੀਆਂ)ਖ਼ੁਸ਼ੀਆਂ। (ਜੋਬਨਿ) ਜੁਆਨੀ ਚ (ਬਲੀਆ) ਬਲਵਾਨ। (ਦੂਜਾ ਪਾਠ: ਪਾਵ ਤੁਰਲੀਆ)	Paavath Raleeaa Joban Baleeaa ||	The mortal revels in joy, in the vigor of youth;	(ਹੇ ਭਾਈ! ਜਿਤਨਾ ਚਿਰ) ਜੁਆਨੀ ਵਿਚ (ਸਰੀਰਕ) ਤਾਕਤ ਮਿਲੀ ਹੋਈ ਹੈ (ਮਨੁੱਖ ਬੇਪ੍ਰਵਾਹ ਹੋ ਕੇ) ਮੌਜਾਂ ਮਾਣਦਾ ਰਹਿੰਦਾ ਹੈ,
17634	385	ਨਾਮ ਬਿਨਾ ਮਾਟੀ ਸੰਗਿ ਰਲੀਆ॥੧॥	ਰਲੀਆ: ਪੋਲਾ ਬੋਲੋ	Naam Binaa Maattee Sang Raleeaa ||1||	But without the Name, he mingles with dust. ||1||	ਸਰੀਰ ਆਖ਼ਿਰ ਮਿੱਟੀ ਨਾਲ ਮਿਲ ਜਾਂਦਾ ਹੈ, (ਤੇ ਜੀਵਾਤਮਾ) ਪਰਮਾਤਮਾ ਦੇ ਨਾਮ ਤੋਂ ਬਿਨਾ (ਖ਼ਾਲੀ ਹੱਥ) ਹੀ ਰਹਿ ਜਾਂਦਾ ਹੈ ॥੧॥
17635	385	ਕਾਨ ਕੁੰਡਲੀਆ ਬਸਤ੍ਰ ਓਢਲੀਆ॥	(ਕੁੰਡਲੀਆ) ਕੁੰਡਲ। (ਓ-ਢਲੀਆ) ਪਹਿਨਦਾ	Kaan Kunddaleeaa Basathr Oudtaleeaa ||	He may wear ear-rings and fine clothes,	(ਹੇ ਭਾਈ! ਮਨੁੱਖ) ਕੰਨਾਂ ਵਿਚ (ਸੋਨੇ ਦੇ) ਕੁੰਡਲ ਪਾ ਕੇ (ਸੋਹਣੇ ਸੋਹਣੇ) ਕੱਪੜੇ ਪਹਿਨਦਾ ਹੈ,
17636	385	ਸੇਜ ਸੁਖਲੀਆ ਮਨਿ ਗਰਬਲੀਆ॥੧॥ਰਹਾਉ॥	(ਸੁ-ਖਲੀਆ) ਸੁਖਦਾਇਕ। (ਗਰ-ਬਲੀਆ) ਹੰਕਾਰ	Saej Sukhaleeaa Man Garabaleeaa ||1|| Rehaao ||	And have a comfortable bed, and his mind may be so proud. ||1||Pause||	ਨਰਮ ਨਰਮ ਬਿਸਤ੍ਰਿਆਂ ਉਤੇ (ਸੌਂਦਾ ਹੈ), (ਤੇ ਇਹਨਾਂ ਮਿਲੇ ਹੋਏ ਸੁਖਾਂ ਦਾ ਆਪਣੇ) ਮਨ ਵਿਚ ਮਾਣ ਕਰਦਾ ਹੈ (ਪਰ ਇਹ ਨਹੀਂ ਸਮਝਦਾ ਕਿ ਇਹ ਸਰੀਰ ਆਖ਼ਿਰ ਮਿੱਟੀ ਹੋ ਜਾਣਾ ਹੈ, ਇਹ ਪਦਾਰਥ ਇਥੇ ਹੀ ਰਹਿ ਜਾਣੇ ਹਨ। ਸਦਾ ਦਾ ਸਾਥ ਨਿਬਾਹੁਣ ਵਾਲਾ ਸਿਰਫ਼ ਪਰਮਾਤਮਾ ਦਾ ਨਾਮ ਹੀ ਹੈ) ॥੧॥ ਰਹਾਉ ॥

17637	385	ਤਲੈ ਕੁੰਚਰੀਆ ਸਿਰਿ ਕਨਿਕ ਛਤਰੀਆ॥	(:ਪੋਲਾ ਬੋਲੋ ਤਲੈ) ਹੇਠਾਂ। (ਕੁੰਚਰੀ-ਆ) ਹਾਥੀ। (ਕਨਿਕ) ਸੋਨੇ ਦਾ (ਛਤਰੀ-ਆ) ਛਤਰ	Thalai Kunchareeaa Sir Kanik Shhathareeaa ||	He may have elephants to ride, and golden umbrellas over his head;	(ਹੇ ਭਾਈ! ਮਨੁੱਖ ਨੂੰ ਜੇ ਸਵਾਰੀ ਕਰਨ ਵਾਸਤੇ ਆਪਣੇ) ਹੇਠ ਹਾਥੀ (ਭੀ ਮਿਲਿਆ ਹੋਇਆ ਹੈ, ਤੇ ਉਸ ਦੇ) ਸਿਰ ਉਤੇ ਸੋਨੇ ਦਾ ਛਤਰ ਝੁੱਲ ਰਿਹਾ ਹੈ,
17638	385	ਹਰਿ ਭਗਤਿ ਬਿਨਾ ਲੇ ਧਰਨਿ ਗਡਲੀਆ॥੨॥	(ਧਰਨਿ) ਧਰਤੀ ਚ (ਗ-ਡਲੀਆ) ਦੱਬ ਦਿੱਤਾ ਜਾਣਾ	Har Bhagath Binaa Lae Dhharan Gaddaleeaa ||2||	But without devotional worship to the Lord, he is buried beneath the dirt. ||2||	(ਤਾਂ ਭੀ ਸਰੀਰ ਆਖ਼ਿਰ) ਧਰਤੀ ਵਿਚ ਹੀ ਮਿਲਾਇਆ ਜਾਂਦਾ ਹੈ (ਇਹਨਾਂ ਪਦਾਰਥਾਂ ਦੇ ਮਾਣ ਵਿਚ ਮਨੁੱਖ) ਪਰਮਾਤਮਾ ਦੀ ਭਗਤੀ ਤੋਂ ਵਾਂਜਿਆ ਹੀ ਰਹਿ ਜਾਂਦਾ ਹੈ ॥੨॥
17639	385	ਰੂਪ ਸੁੰਦਰੀਆ ਅਨਿਕ ਇਸਤਰੀਆ॥	ਇਸਤਰੀਆਂ	Roop Sundhareeaa Anik Eisathareeaa ||	He may enjoy many women, of exquisite beauty;	(ਹੇ ਭਾਈ! ਜੇ) ਸੋਹਣੇ ਰੂਪ ਵਾਲੀਆਂ ਅਨੇਕਾਂ ਇਸਤ੍ਰੀਆਂ (ਭੀ ਮਿਲੀਆਂ ਹੋਈਆਂ ਹਨ ਤਾਂ ਭੀ ਕੀਹ ਹੋਇਆ?)
17640	385	ਹਰਿ ਰਸ ਬਿਨੁ ਸਭਿ ਸੁਆਦ ਫਿਕਰੀਆ॥੩॥	(ਫਿਕਰੀ-ਆ) ਫਿੱਕੇ	Har Ras Bin Sabh Suaadh Fikareeaa ||3||	But without the sublime essence of the Lord, all tastes are tasteless. ||3||	ਪਰਮਾਤਮਾ ਦੇ ਨਾਮ ਦੇ ਸੁਆਦ ਦੇ ਟਾਕਰੇ ਤੇ (ਦੁਨੀਆ ਵਾਲੇ ਇਹ) ਸਾਰੇ ਸੁਆਦ ਫਿੱਕੇ ਹਨ ॥੩॥
17641	385	ਮਾਇਆ ਛਲੀਆ ਬਿਕਾਰ ਬਿਖਲੀਆ॥	(ਛਲੀਆ) ਠੱਗਣ ਵਾਲੀ। ਵਿਸ਼ੇ ਵਿਕਾਰ (ਬਿ-ਖਲੀਆ) ਜ਼ਹਰੀਲੇ	Maaeiaa Shhaleeaa Bikaar Bikhaleeaa ||	Deluded by Maya, the mortal is led into sin and corruption.	(ਹੇ ਭਾਈ! ਚੇਤਾ ਰੱਖੋ ਕਿ) ਮਾਇਆ ਠੱਗਣ ਵਾਲੀ ਹੀ ਹੈ (ਆਤਮਕ ਜੀਵਨ ਦਾ ਸਰਮਾਇਆ ਲੁੱਟ ਲੈਂਦੀ ਹੈ), (ਦੁਨੀਆ ਦੇ ਵਿਸ਼ੇ-) ਵਿਕਾਰ ਜ਼ਹਰ-ਭਰੇ ਹਨ (ਆਤਮਕ ਮੌਤ ਦਾ ਕਾਰਨ ਬਣਦੇ ਹਨ)।

17642	385	ਸਰਣਿ ਨਾਨਕ ਪ੍ਰਭ ਪੁਰਖ ਦਇਅਲੀਆ॥੪॥੪॥੫੫॥	ਦਇਅਲੀਆ	Saran Naanak Prabh Purakh Dhaeialeeaa ||4||4||55||	Nanak seeks the Sanctuary of God, the All-powerful, Compassionate Lord. ||4||4||55||	ਹੇ ਨਾਨਕ! (ਆਖ-) ਹੇ ਪ੍ਰਭੂ! ਹੇ ਦਇਆਲ ਪੁਰਖ! ਮੈਂ ਤੇਰੀ ਸਰਨ ਆਇਆ ਹਾਂ (ਮੈਨੂੰ ਇਸ ਮਾਇਆ ਤੋਂ ਇਹਨਾਂ ਵਿਕਾਰਾਂ ਤੋਂ ਬਚਾਈ ਰੱਖ) ॥੪॥੪॥੫੫॥
17643	385	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17644	385	ਏਕੁ ਬਗੀਚਾ ਪੇਡ ਘਨ ਕਰਿਆ॥	(ਘਨ) ਬਹੁਤ	Eaek Bageechaa Paedd Ghan Kariaa ||	There is a garden, in which so many plants have grown.	ਹੇ ਭਾਈ! ਇਹ ਜਗਤ ਇਕ ਬਗ਼ੀਚਾ ਹੈ ਜਿਸ ਵਿਚ (ਸਿਰਜਣਹਾਰ-ਮਾਲੀ ਨੇ) ਬੇਅੰਤ ਬੂਟੇ ਲਾਏ ਹੋਏ ਹਨ।
17645	385	ਅੰਮ੍ਰਿਤ ਨਾਮੁ ਤਹਾ ਮਹਿ ਫਲਿਆ॥੧॥		Anmrith Naam Thehaa Mehi Faliaa ||1||	They bear the Ambrosial Nectar of the Naam as their fruit. ||1||	(ਰੰਗਾ ਰੰਗ ਦੇ ਜੀਵ ਪੈਦਾ ਕੀਤੇ ਹੋਏ ਹਨ, ਇਹਨਾਂ ਵਿਚੋਂ ਜਿਨ੍ਹਾਂ ਦੇ ਅੰਦਰ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਸਿੰਜਿਆ ਜਾ ਰਿਹਾ) ਹੈ, ਉਹਨਾਂ ਵਿਚ (ਉੱਚੇ ਆਤਮਕ ਜੀਵਨ ਦਾ) ਫ਼ਲ ਲੱਗ ਰਿਹਾ ਹੈ ॥੧॥
17646	385	ਐਸਾ ਕਰਹੁ ਬੀਚਾਰੁ ਗਿਆਨੀ॥		Aisaa Karahu Beechaar Giaanee ||	Consider this, O wise one,	ਹੇ ਗਿਆਨਵਾਨ ਮਨੁੱਖ! ਕੋਈ ਇਹੋ ਜਿਹੀ ਵਿਚਾਰ ਕਰ,
17647	385	ਜਾ ਤੇ ਪਾਈਐ ਪਦੁ ਨਿਰਬਾਨੀ॥	(ਨਿਰਬਾਨੀ) ਮੁਕਤ	Jaa Thae Paaeeai Padh Nirabaanee ||	By which you may attain the state of Nirvaanaa.	ਜਿਸ ਦੀ ਬਰਕਤਿ ਨਾਲ ਉਹ (ਆਤਮਕ) ਦਰਜਾ ਪ੍ਰਾਪਤ ਹੋ ਜਾਏ ਜਿਥੇ ਕੋਈ ਵਾਸਨਾ ਨਾਹ ਪੋਹ ਸਕੇ।

17648	385	ਆਸਿ ਪਾਸਿ ਬਿਖੂਆ ਕੇ ਕੁੰਟਾ ਬੀਚਿ ਅੰਮ੍ਰਿਤੁ ਹੈ ਭਾਈ ਰੇ॥੧॥ਰਹਾਉ॥	(ਕੁੰਟਾ) ਕੁੰਡ	Aas Paas Bikhooaa Kae Kunttaa Beech Anmrith Hai Bhaaee Rae ||1|| Rehaao ||	All around this garden are pools of poison, but within it is the Ambrosial Nectar, O Siblings of Destiny. ||1||Pause||	ਹੇ ਭਾਈ! ਤੇਰੇ ਚੁਫੇਰੇ (ਮਾਇਆ ਦੇ ਮੋਹ ਦੇ) ਜ਼ਹਰ ਦੇ ਚਸ਼ਮੇ (ਚੱਲ ਰਹੇ ਹਨ ਜੋ ਆਤਮਕ ਮੌਤ ਲੈ ਆਉਂਦੇ ਹਨ; ਪਰ ਤੇਰੇ) ਅੰਦਰ (ਨਾਮ-) ਅੰਮ੍ਰਿਤ (ਦਾ ਚਸ਼ਮਾ ਚੱਲ ਰਿਹਾ) ਹੈ ॥੧॥ ਰਹਾਉ ॥
17649	385	ਸਿੰਚਨਹਾਰੇ ਏਕੈ ਮਾਲੀ॥		Sinchanehaarae Eaekai Maalee ||	There is only one gardener who tends it.	(ਹੇ ਭਾਈ! ਆਤਮਕ ਜੀਵਨ ਵਾਸਤੇ ਨਾਮ-ਜਲ) ਸਿੰਜਣ ਵਾਲੇ ਉਸ ਇਕ (ਸਿਰਜਣਹਾਰ-) ਮਾਲੀ ਨੂੰ (ਆਪਣੇ ਹਿਰਦੇ ਵਿਚ ਸੰਭਾਲ ਰੱਖੋ)
17650	385	ਖਬਰਿ ਕਰਤੁ ਹੈ ਪਾਤ ਪਤ ਡਾਲੀ॥੨॥	ਪੱਤ	Khabar Karath Hai Paath Path Ddaalee ||2||	He takes care of every leaf and branch. ||2||	ਜੋ ਹਰੇਕ ਬੂਟੇ ਦੇ ਪੱਤਰ ਪੱਤਰ ਡਾਲੀ ਡਾਲੀ ਦੀ ਸੰਭਾਲ ਕਰਦਾ ਹੈ (ਜੋ ਹਰੇਕ ਜੀਵ ਦੇ ਆਤਮਕ ਜੀਵਨ ਦੇ ਹਰੇਕ ਪਹਿਲੂ ਦਾ ਖ਼ਿਆਲ ਰੱਖਦਾ ਹੈ) ॥੨॥
17651	385	ਸਗਲ ਬਨਸਪਤਿ ਆਨਿ ਜੜਾਈ॥	ਬ-ਨਸਪਤਿ	Sagal Banasapath Aan Jarraaee ||	He brings all sorts of plants and plants them there.	(ਹੇ ਭਾਈ! ਉਸ ਮਾਲੀ ਨੇ ਇਸ ਜਗਤ-ਬਗ਼ੀਚੇ ਵਿਚ) ਸਾਰੀ ਬਨਸਪਤੀ ਲਿਆ ਕੇ ਸਜਾ ਦਿੱਤੀ ਹੈ (ਰੰਗਾ ਰੰਗ ਦੇ ਜੀਵ ਪੈਦਾ ਕਰ ਕੇ ਸੰਸਾਰ-ਬਗ਼ੀਚੇ ਨੂੰ ਸੋਹਣਾ ਬਣਾ ਦਿੱਤਾ ਹੈ)।

17652	385	ਸਗਲੀ ਫੂਲੀ ਨਿਫਲ ਨ ਕਾਈ॥੩॥		Sagalee Foolee Nifal N Kaaee ||3||	They all bear fruit - none is without fruit. ||3||	ਸਾਰੀ ਬਨਸਪਤੀ ਫੁੱਲ ਦੇ ਰਹੀ ਹੈ, ਕੋਈ ਬੂਟਾ ਫਲ ਤੋਂ ਖ਼ਾਲੀ ਨਹੀਂ (ਹਰੇਕ ਜੀਵ ਮਾਇਆ ਦੇ ਆਹਰੇ ਲੱਗਾ ਹੋਇਆ ਹੈ) ॥੩॥
17653	385	ਅੰਮ੍ਰਿਤ ਫਲੁ ਨਾਮੁ ਜਿਨਿ ਗੁਰ ਤੇ ਪਾਇਆ॥		Anmrith Fal Naam Jin Gur Thae Paaeiaa ||	One who receives the Ambrosial Fruit of the Naam from the Guru	(ਪਰ) ਜਿਸ ਮਨੁੱਖ ਨੇ ਗੁਰੂ ਪਾਸੋਂ ਆਤਮਕ ਜੀਵਨ ਦੇਣ ਵਾਲਾ ਨਾਮ-ਫਲ ਪ੍ਰਾਪਤ ਕਰ ਲਿਆ ਹੈ,
17654	385	ਨਾਨਕ ਦਾਸ ਤਰੀ ਤਿਨਿ ਮਾਇਆ॥੪॥੫॥੫੬॥		Naanak Dhaas Tharee Thin Maaeiaa ||4||5||56||	- O Nanak, such a servant crosses over the ocean of Maya. ||4||5||56||	ਹੇ ਦਾਸ ਨਾਨਕ! (ਆਖ-) ਉਸ ਨੇ ਮਾਇਆ (ਦੀ ਨਦੀ) ਪਾਰ ਕਰ ਲਈ ਹੈ ॥੪॥੫॥੫੬॥
17655	385	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17656	385	ਰਾਜ ਲੀਲਾ ਤੇਰੈ ਨਾਮਿ ਬਨਾਈ॥	(ਲੀੱਲਾ) ਮੌਜ	Raaj Leelaa Thaerai Naam Banaaee ||	The pleasures of royalty are derived from Your Name.	ਹੇ ਪ੍ਰਭੂ! ਤੇਰੇ ਨਾਮ ਨੇ ਮੇਰੇ ਵਾਸਤੇ ਉਹ ਮੌਜ ਬਣਾ ਦਿੱਤੀ ਹੈ ਜੋ ਰਾਜੇ ਲੋਕਾਂ ਨੂੰ ਰਾਜ ਤੋਂ ਮਿਲਦੀ ਪ੍ਰਤੀਤ ਹੁੰਦੀ ਹੈ,
17657	385	ਜੋਗੁ ਬਨਿਆ ਤੇਰਾ ਕੀਰਤਨੁ ਗਾਈ॥੧॥		Jog Baniaa Thaeraa Keerathan Gaaee ||1||	I attain Yoga, singing the Kirtan of Your Praises. ||1||	ਜਦੋਂ ਮੈਂ ਤੇਰੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦਾ ਹਾਂ ਤਾਂ ਮੈਨੂੰ ਜੋਗੀਆਂ ਵਾਲਾ ਜੋਗ ਪ੍ਰਾਪਤ ਹੋ ਜਾਂਦਾ ਹੈ (ਦੁਨੀਆ ਵਾਲਾ ਸੁਖ ਤੇ ਫ਼ਕੀਰੀ ਵਾਲਾ ਸੁਖ ਦੋਵੇਂ ਹੀ ਮੈਨੂੰ ਤੇਰੀ ਸਿਫ਼ਤਿ-ਸਾਲਾਹ ਵਿਚੋਂ ਮਿਲ ਰਹੇ ਹਨ) ॥੧॥

17658	385	ਸਰਬ ਸੁਖਾ ਬਨੇ ਤੇਰੈ ਓਲ੍ਹੈ॥	(ਓਲ੍ਹੈ) ਆਸਰੇ	Sarab Sukhaa Banae Thaerai Oulhai ||	All comforts are obtained in Your Shelter.	ਹੇ ਪ੍ਰਭੂ! (ਉਦੋਂ ਤੋਂ) ਤੇਰੇ ਆਸਰੇ-ਪਰਨੇ ਰਹਿਣ ਨਾਲ ਮੇਰੇ ਵਾਸਤੇ ਸਾਰੇ ਸੁਖ ਹੀ ਸੁਖ ਬਣ ਗਏ ਹਨ,
17659	385	ਭ੍ਰਮ ਕੇ ਪਰਦੇ ਸਤਿਗੁਰ ਖੋਲ੍ਹੇ॥੧॥ਰਹਾਉ॥		Bhram Kae Paradhae Sathigur Kholhae ||1|| Rehaao ||	The True Guru has removed the veil of doubt. ||1||Pause||	(ਜਦੋਂ ਤੋਂ) ਸਤਿਗੁਰੂ ਨੇ (ਮੇਰੇ ਅੰਦਰੋਂ ਮਾਇਆ ਦੀ ਖ਼ਾਤਰ) ਭਟਕਣਾ ਪੈਦਾ ਕਰਨ ਵਾਲੇ ਪੜਦੇ ਖੋਹਲ ਦਿੱਤੇ ਹਨ (ਤੇ ਤੇਰੇ ਨਾਲੋਂ ਮੇਰੀ ਵਿੱਥ ਮੁੱਕ ਗਈ ਹੈ) ॥੧॥ ਰਹਾਉ ॥
17660	385	ਹੁਕਮੁ ਬੂਝਿ ਰੰਗ ਰਸ ਮਾਣੇ॥		Hukam Boojh Rang Ras Maanae ||	Understanding the Command of the Lord's Will, I revel in pleasure and joy.	ਹੇ ਪ੍ਰਭੂ! ਤੇਰੀ ਰਜ਼ਾ ਨੂੰ ਸਮਝ ਕੇ ਮੈਂ ਸਾਰੇ ਆਤਮਕ ਆਨੰਦ ਮਾਣ ਰਿਹਾ ਹਾਂ,
17661	385	ਸਤਿਗੁਰ ਸੇਵਾ ਮਹਾ ਨਿਰਬਾਣੇ॥੨॥	(ਨਿਰਬਾਣੇ) ਮੁਕਤ	Sathigur Saevaa Mehaa Nirabaanae ||3||	Serving the True Guru, I obtain the supreme state of Nirvaanaa. ||2||	ਸਤਿਗੁਰੂ ਦੀ (ਦੱਸੀ) ਸੇਵਾ ਦੀ ਬਰਕਤਿ ਨਾਲ ਮੈਨੂੰ ਬੜੀ ਉੱਚੀ ਵਾਸਨਾ-ਰਹਿਤ ਅਵਸਥਾ ਪ੍ਰਾਪਤ ਹੋ ਗਈ ਹੈ ॥੨॥
17662	385	ਜਿਨਿ ਤੂੰ ਜਾਤਾ ਸੋ ਗਿਰਸਤ ਉਦਾਸੀ ਪਰਵਾਣੁ॥	ਗਿ-ਰਸਤ	Jin Thoon Jaathaa So Girasath Oudhaasee Paravaan ||	One who recognizes You is recognized as a householder, and as a renunciate.	ਹੇ ਪ੍ਰਭੂ! ਜਿਸ ਮਨੁੱਖ ਨੇ ਤੇਰੇ ਨਾਲ ਡੂੰਘੀ ਸਾਂਝ ਪਾ ਲਈ ਉਹ ਚਾਹੇ ਗ੍ਰਿਹਸਤੀ ਹੈ ਚਾਹੇ ਤਿਆਗੀ ਉਹ ਤੇਰੀਆਂ ਨਜ਼ਰਾਂ ਵਿਚ ਕਬੂਲ ਹੈ।
17663	385	ਨਾਮਿ ਰਤਾ ਸੋਈ ਨਿਰਬਾਣੁ॥੩॥		Naam Rathaa Soee Nirabaan ||2||	Imbued with the Naam, the Name of the Lord, he dwells in Nirvaanaa. ||3||	ਜੇਹੜਾ ਮਨੁੱਖ, ਹੇ ਪ੍ਰਭੂ! ਤੇਰੇ ਨਾਮ (-ਰੰਗ) ਵਿਚ ਰੰਗਿਆ ਹੋਇਆ ਹੈ ਉਹੀ ਸਦਾ ਦੁਨੀਆ ਦੀਆਂ ਵਾਸਨਾ ਤੋਂ ਬਚਿਆ ਰਹਿੰਦਾ ਹੈ ॥੩॥

17664	385	ਜਾ ਕਉ ਮਿਲਿਓ ਨਾਮੁ ਨਿਧਾਨਾ॥	(ਨਿਧਾਨਾ) ਖਜ਼ਾਨਾ	Jaa Ko Miliou Naam Nidhhaanaa ||	One who has obtained the treasure of the Naam	ਹੇ ਪ੍ਰਭੂ! ਜਿਸ ਮਨੁੱਖ ਨੂੰ ਤੇਰਾ ਨਾਮ-ਖ਼ਜ਼ਾਨਾ ਮਿਲ ਗਿਆ ਹੈ,
17665	385	ਭਨਤਿ ਨਾਨਕ ਤਾ ਕਾ ਪੂਰ ਖਜਾਨਾ॥੪॥੬॥੫੭॥	(ਭਨਤਿ) ਆਖਦੇ	Bhanath Naanak Thaa Kaa Poor Khajaanaa ||4||6||57||	- prays Nanak, his treasure-house is filled to overflowing. ||4||6||57||	ਨਾਨਕ ਆਖਦਾ ਹੈ-ਉਸ ਦਾ (ਉੱਚੇ ਆਤਮਕ ਜੀਵਨ ਦੇ ਗੁਣਾਂ ਦਾ) ਖ਼ਜ਼ਾਨਾ ਸਦਾ ਭਰਿਆ ਰਹਿੰਦਾ ਹੈ ॥੪॥੬॥੫੭॥
17666	385	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17667	385	ਤੀਰਥਿ ਜਾਉ ਤ ਹਉ ਹਉ ਕਰਤੇ॥		Theerathh Jaao Th Ho Ho Karathae ||	Journeying to sacred shrines of pilgrimage, I see the mortals acting in ego.	ਹੇ ਮਿੱਤਰ! ਜੇ ਮੈਂ (ਕਿਸੇ) ਤੀਰਥ ਉਥੇ ਜਾਂਦਾ ਹਾਂ ਤਾਂ ਉਥੇ ਮੈਂ 'ਮੈਂ (ਧਰਮੀ) ਮੈਂ (ਧਰਮੀ)' ਆਖਦੇ ਵੇਖਦਾ ਹਾਂ,
17668	385	ਪੰਡਿਤ ਪੂਛਉ ਤ ਮਾਇਆ ਰਾਤੇ॥੧॥	(ਰਾਤੇ) ਰੰਗੇ	Panddith Pooshho Th Maaeiaa Raathae ||1||	If I ask the Pandits, I find them tainted by Maya. ||1||	ਜੇ ਮੈਂ (ਜਾ ਕੇ) ਪੰਡਿਤਾਂ ਨੂੰ ਪੁੱਛਦਾ ਹਾਂ ਤਾਂ ਉਹ ਭੀ ਮਾਇਆ ਦੇ ਰੰਗ ਵਿਚ ਰੰਗੇ ਹੋਏ ਹਨ ॥੧॥
17669	385	ਸੋ ਅਸਥਾਨੁ ਬਤਾਵਹੁ ਮੀਤਾ॥		So Asathhaan Bathaavahu Meethaa ||	Show me that place, O friend,	ਹੇ ਮਿੱਤਰ! ਨੂੰ ਮੈਨੂੰ ਉਹ ਥਾਂ ਦੱਸ,
17670	385	ਜਾ ਕੈ ਹਰਿ ਹਰਿ ਕੀਰਤਨੁ ਨੀਤਾ॥੧॥ਰਹਾਉ॥	(ਨੀਤਾ) ਨਿੱਤ	Jaa Kai Har Har Keerathan Neethaa ||1|| Rehaao ||	Where the Kirtan of the Lord's Praises are forever sung. ||1||Pause||	ਜਿੱਥੇ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੁੰਦੀ ਹੋਵੇ ॥੧॥ ਰਹਾਉ ॥

17671	385	ਸਾਸਤ੍ਰ ਬੇਦ ਪਾਪ ਪੁੰਨ ਵੀਚਾਰ॥		Saasathr Baedh Paap Punn Veechaar ||	The Shaastras and the Vedas speak of sin and virtue;	(ਹੇ ਮਿੱਤਰ!) ਸ਼ਾਸਤ੍ਰ ਤੇ ਬੇਦ ਪੁੰਨਾਂ ਤੇ ਪਾਪਾਂ ਦੇ ਵਿਚਾਰ ਹੀ ਦੱਸਦੇ ਹਨ (ਇਹ ਦੱਸਦੇ ਹਨ ਕਿ ਫਲਾਣੇ ਕੰਮ ਪਾਪ ਹਨ ਫਲਾਣੇ ਕੰਮ ਪੁੰਨ ਹਨ,
17672	385	ਨਰਕਿ ਸੁਰਗਿ ਫਿਰਿ ਫਿਰਿ ਅਉਤਾਰ॥੨॥		Narak Surag Fir Fir Aouthaar ||2||	They say that mortals are reincarnated into heaven and hell, over and over again. ||2||	ਜਿਨ੍ਹਾਂ ਦੇ ਕਰਨ ਨਾਲ) ਮੁੜ ਮੁੜ (ਕਦੇ) ਨਰਕ ਵਿਚ (ਤੇ ਕਦੇ) ਸੁਰਗ ਵਿਚ ਪੈ ਜਾਈਦਾ ਹੈ ॥੨॥
17673	385	ਗਿਰਸਤ ਮਹਿ ਚਿੰਤ ਉਦਾਸ ਅਹੰਕਾਰ॥	ਗਿ-ਰਸਤ	Girasath Mehi Chinth Oudhaas Ahankaar ||	In the householder's life, there is anxiety, and in the life of the renunciate, there is egotism.	(ਹੇ ਮਿੱਤਰ!) ਗ੍ਰਿਹਸਤ ਵਿਚ ਰਹਿਣ ਵਾਲਿਆਂ ਨੂੰ ਚਿੰਤਾ ਦਬਾ ਰਹੀ ਹੈ, (ਗ੍ਰਿਹਸਤ ਦਾ) ਤਿਆਗ ਕਰਨ ਵਾਲੇ ਅਹੰਕਾਰ (ਨਾਲ ਆਫਰੇ ਹੋਏ ਹਨ),
17674	385	ਕਰਮ ਕਰਤ ਜੀਅ ਕਉ ਜੰਜਾਰ॥੩॥	(ਜੰਜਾਰ) ਬੰਧਨ	Karam Karath Jeea Ko Janjaar ||3||	Performing religious rituals, the soul is entangled. ||3||	(ਨਿਰੇ) ਕਰਮ-ਕਾਂਡ ਕਰਨ ਵਾਲਿਆਂ ਦੀ ਜਿੰਦ ਨੂੰ (ਮਾਇਆ ਦੇ) ਜੰਜਾਲ (ਪਏ ਹੋਏ ਹਨ) ॥੩॥
17675	385	ਪ੍ਰਭ ਕਿਰਪਾ ਤੇ ਮਨੁ ਵਸਿ ਆਇਆ॥	ਵੱਸਿ	Prabh Kirapaa Thae Man Vas Aaeiaa ||	By God's Grace, the mind is brought under control;	ਪਰਮਾਤਮਾ ਦੀ ਕਿਰਪਾ ਨਾਲ ਜਿਸ ਮਨੁੱਖ ਦਾ ਮਨ ਵੱਸ ਵਿਚ ਆ ਜਾਂਦਾ ਹੈ,
17676	385	ਨਾਨਕ ਗੁਰਮੁਖਿ ਤਰੀ ਤਿਨਿ ਮਾਇਆ॥੪॥		Naanak Guramukh Tharee Thin Maaeiaa ||4||	O Nanak, the Gurmukh crosses over the ocean of Maya. ||4||	ਹੇ ਨਾਨਕ! (ਆਖ-) ਉਸ ਨੇ ਗੁਰੂ ਦੀ ਸਰਨ ਪੈ ਕੇ ਮਾਇਆ (ਦੀ ਸੂਕਦੀ ਨਦੀ) ਪਾਰ ਕਰ ਲਈ ਹੈ ॥੪॥

17677	385	ਸਾਧਸੰਗਿ ਹਰਿ ਕੀਰਤਨੁ ਗਾਈਐ॥		Saadhhasang Har Keerathan Gaaeeai ||	In the Saadh Sangat, the Company of the Holy, sing the Kirtan of the Lord's Praises.	(ਹੇ ਮਿੱਤਰ!) ਸਾਧ ਸੰਗਤਿ ਵਿਚ ਰਹਿ ਕੇ (ਸਦਾ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਰਹਿਣਾ ਚਾਹੀਦਾ ਹੈ (ਇਸ ਦੀ ਬਰਕਤਿ ਨਾਲ ਹਉਮੈ, ਮਾਇਆ ਦਾ ਮੋਹ, ਚਿੰਤਾ, ਅਹੰਕਾਰ ਦੇ ਜੰਜਾਲ ਆਦਿਕ ਕੋਈ ਭੀ ਪੋਹ ਨਹੀਂ ਸਕਦਾ)
17678	385	ਇਹੁ ਅਸਥਾਨੁ ਗੁਰੂ ਤੇ ਪਾਈਐ॥੧॥ ਰਹਾਉ ਦੂਜਾ॥੭॥੫੮॥		Eihu Asathhaan Guroo Thae Paaeeai ||1|| Rehaao Dhoojaa ||7||58||	This place is found through the Guru. ||1||Second Pause||7||58||	ਪਰ ਇਹ ਥਾਂ ਗੁਰੂ ਪਾਸੋਂ ਲੱਭਦਾ ਹੈ ॥੧॥ਰਹਾਉ ਦੂਜਾ॥੭॥੫੮॥
17679	385	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17680	385	ਘਰ ਮਹਿ ਸੂਖ ਬਾਹਰਿ ਫੁਨਿ ਸੂਖਾ॥		Ghar Mehi Sookh Baahar Fun Sookhaa ||	Within my home there is peace, and outwardly there is peace as well.	(ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਨ ਵਾਲੇ ਮਨੁੱਖ ਨੂੰ ਆਪਣੇ) ਹਿਰਦੇ-ਘਰ ਵਿਚ ਆਨੰਦ ਪ੍ਰਤੀਤ ਹੁੰਦਾ ਰਹਿੰਦਾ ਹੈ, ਬਾਹਰ ਦੁਨੀਆ ਨਾਲ ਵਰਤਣ-ਵਿਹਾਰ ਕਰਦਿਆਂ ਭੀ ਉਸ ਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ,

17681	385	ਹਰਿ ਸਿਮਰਤ ਸਗਲ ਬਿਨਾਸੇ ਦੂਖਾ॥੧॥	(ਬਿਨਾਸੇ) ਨਾਸ	Har Simarath Sagal Binaasae Dhookhaa ||1||	Remembering the Lord in meditation, all pains are erased. ||1||	(ਕਿਉਂਕਿ, ਹੇ ਭਾਈ!) ਪਰਮਾਤਮਾ ਦਾ ਸਿਮਰਨ ਕੀਤਿਆਂ ਸਾਰੇ ਦੁੱਖ ਨਾਸ ਹੋ ਜਾਂਦੇ ਹਨ ॥੧॥
17682	385	ਸਗਲ ਸੂਖ ਜਾਂ ਤੂੰ ਚਿਤਿ ਆਂਵੈਂ॥		Sagal Sookh Jaan Thoon Chith Aaanvain ||	There is total peace, when You come into my mind.	ਹੇ ਪ੍ਰਭੂ! ਜਿਸ ਮਨੁੱਖ ਦੇ ਚਿੱਤ ਵਿਚ ਤੂੰ ਆ ਵੱਸਦਾ ਹੈਂ ਉਸ ਨੂੰ ਸਾਰੇ ਸੁਖ ਹੀ ਸੁਖ ਪ੍ਰਤੀਤ ਹੁੰਦੇ ਹਨ।
17683	386	ਸੋ ਨਾਮੁ ਜਪੈ ਜੋ ਜਨੁ ਤੁਧੁ ਭਾਵੈ॥੧॥ਰਹਾਉ॥		So Naam Japai Jo Jan Thudhh Bhaavai ||1|| Rehaao ||	He alone is pleasing to Your Will, who chants the Naam. ||1||Pause||	(ਪਰ) ਉਹੀ ਮਨੁੱਖ ਤੇਰਾ ਨਾਮ ਜਪਦਾ ਹੈ ਜੇਹੜਾ ਤੈਨੂੰ ਪਿਆਰਾ ਲੱਗਦਾ ਹੈ (ਜਿਸ ਉੱਤੇ ਤੇਰੀ ਮੇਹਰ ਹੁੰਦੀ ਹੈ) ॥੧॥ ਰਹਾਉ ॥
17684	386	ਤਨੁ ਮਨੁ ਸੀਤਲੁ ਜਪਿ ਨਾਮੁ ਤੇਰਾ॥	(ਸੀਤਲੁ) ਠੰਢਾ	Than Man Seethal Jap Naam Thaeraa ||	My body and mind are cooled and soothed, chanting the Name of the Lord.	ਹੇ ਪ੍ਰਭੂ! ਤੇਰਾ ਨਾਮ ਜਪ ਕੇ ਮਨ ਸ਼ਾਂਤ ਹੋ ਜਾਂਦਾ ਹੈ। ਸਰੀਰ (ਭੀ, ਹਰੇਕ ਗਿਆਨ-ਇੰਦ੍ਰਾ ਭੀ) ਸ਼ਾਂਤ ਹੋ ਜਾਂਦਾ ਹੈ।
17685	386	ਹਰਿ ਹਰਿ ਜਪਤ ਢਹੈ ਦੁਖ ਡੇਰਾ॥੨॥		Har Har Japath Dtehai Dhukh Ddaeraa ||2||	Meditating on the Lord, Har, Har, the house of pain is demolished. ||2||	ਹੇ ਭਾਈ! ਪਰਮਾਤਮਾ ਦਾ ਨਾਮ ਜਪਦਿਆਂ ਦੁੱਖਾਂ ਦਾ ਡੇਰਾ ਹੀ ਢੁੱਕਿਆ ਜਾਂਦਾ ਹੈ ॥੨॥
17686	386	ਹੁਕਮੁ ਬੂਝੈ ਸੋਈ ਪਰਵਾਨੁ॥		Hukam Boojhai Soee Paravaan ||	He alone, who understands the Command of the Lord's Will, is approved.	(ਹੇ ਭਾਈ! ਨਾਮ ਦੀ ਬਰਕਤਿ ਨਾਲ ਜੇਹੜਾ ਮਨੁੱਖ ਪਰਮਾਤਮਾ ਦੀ) ਰਜ਼ਾ ਨੂੰ ਸਮਝ ਲੈਂਦਾ ਹੈ (ਰਜ਼ਾ ਵਿਚ ਖਿੜੇ-ਮੱਥੇ ਰਾਜ਼ੀ ਰਹਿੰਦਾ ਹੈ) ਉਹ (ਪਰਮਾਤਮਾ ਦੀ ਹਜ਼ੂਰੀ ਵਿਚ) ਕਬੂਲ ਹੋ ਜਾਂਦਾ ਹੈ,

17687	386	ਸਾਚੁ ਸਬਦੁ ਜਾ ਕਾ ਨੀਸਾਨੁ॥੩॥	(ਨੀਸਾਨੁ) ਰਾਹਦਾਰੀ	Saach Sabadh Jaa Kaa Neesaan ||3||	The True Shabad of the Word of God is his trademark and insignia. ||3||	ਕਿਉਂਕਿ ਉਸ ਮਨੁੱਖ ਦੇ ਪਾਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹਦਾਰੀ ਹੈ ॥੩॥
17688	386	ਗੁਰਿ ਪੂਰੈ ਹਰਿ ਨਾਮੁ ਦ੍ਰਿੜਾਇਆ॥		Gur Poorai Har Naam Dhrirraaeiaa ||	The Perfect Guru has implanted the Lord's Name within me.	(ਹੇ ਭਾਈ! ਜਦੋਂ ਤੋਂ) ਪੂਰੇ ਗੁਰੂ ਨੇ ਪਰਮਾਤਮਾ ਦਾ ਨਾਮ ਮੇਰੇ ਹਿਰਦੇ ਵਿਚ ਪੱਕਾ ਕਰ ਦਿੱਤਾ ਹੈ,
17689	386	ਭਨਤਿ ਨਾਨਕੁ ਮੇਰੈ ਮਨਿ ਸੁਖੁ ਪਾਇਆ॥੪॥੮॥੫੯॥	ਭਨਤਿ:ਪੋਲਾ ਬੋਲੋ। (ਭਨਤਿ) ਆਖਦੇ	Bhanath Naanak Maerai Man Sukh Paaeiaa ||4||8||59||	Prays Nanak, my mind has found peace. ||4||8||59||	ਨਾਨਕ ਆਖਦਾ ਹੈ- (ਤਦੋਂ ਤੋਂ) ਮੇਰੇ ਮਨ ਨੇ (ਸਦਾ) ਸੁਖ ਹੀ ਅਨੁਭਵ ਕੀਤਾ ਹੈ ॥੪॥੮॥੫੯॥
17690	386	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17691	386	ਜਹਾ ਪਠਾਵਹੁ ਤਹ ਤਹ ਜਾਈਂ॥	(ਪਠਾਵਹੁ) ਭੇਜੋਂ	Jehaa Pathaavahu Theh Theh Jaaeanaee ||	Wherever You send me, there I go.	(ਹੇ ਗੋਵਿੰਦ! ਇਹ ਤੇਰੀ ਹੀ ਮੇਹਰ ਹੈ ਕਿ) ਜਿਧਰ ਤੂੰ ਮੈਨੂੰ ਭੇਜਦਾ ਹੈਂ, ਮੈਂ ਉਧਰ ਉਧਰ ਹੀ (ਖ਼ੁਸ਼ੀ ਨਾਲ) ਜਾਂਦਾ ਹਾਂ,
17692	386	ਜੋ ਤੁਮ ਦੇਹੁ ਸੋਈ ਸੁਖੁ ਪਾਈਂ॥੧॥		Jo Thum Dhaehu Soee Sukh Paaeanaee ||1||	Whatever You give me, brings me peace. ||1||	(ਸੁਖ ਹੋਵੇ ਚਾਹੇ ਦੁੱਖ ਹੋਵੇ) ਜੋ ਕੁਝ ਤੂੰ ਮੈਨੂੰ ਦੇਂਦਾ ਹੈਂ, ਮੈਂ ਉਸ ਨੂੰ (ਸਿਰ-ਮੱਥੇ ਉਤੇ) ਸੁਖ (ਜਾਣ ਕੇ) ਮੰਨਦਾ ਹਾਂ ॥੧॥

17693	386	ਸਦਾ ਚੇਰੇ ਗੋਵਿੰਦ ਗੋਸਾਈ॥	(ਚੇਰੇ) ਸੇਵਕ	Sadhaa Chaerae Govindh Gosaaee ||	I am forever the chaylaa, the humble disciple, of the Lord of the Universe, the Sustainer of the World.	ਹੇ ਗੋਵਿੰਦ! ਹੇ ਗੋਸਾਈਂ! (ਮੇਹਰ ਕਰ, ਮੈਂ) ਸਦਾ ਤੇਰਾ ਦਾਸ ਬਣਿਆ ਰਹਾਂ,
17694	386	ਤੁਮ੍ਰੀ ਕ੍ਰਿਪਾ ਤੇ ਤ੍ਰਿਪਤਿ ਅਘਾਈਂ॥੧॥ਰਹਾਉ ॥		Thumharee Kirapaa Thae Thripath Aghaaeanaee ||1|| Rehaao ||	By Your Grace, I am satisfied and satiated. ||1||Pause||	(ਕਿਉਂਕਿ) ਤੇਰੀ ਕਿਰਪਾ ਨਾਲ ਹੀ ਮੈਂ ਮਾਇਆ ਦੀ ਤ੍ਰਿਸ਼ਨਾ ਵਲੋਂ ਸਦਾ ਰੱਜਿਆ ਰਹਿੰਦਾ ਹਾਂ ॥੧॥ ਰਹਾਉ ॥
17695	386	ਤੁਮਰਾ ਦੀਆ ਪੈਨ੍ਹਉ ਖਾਈਂ॥		Thumaraa Dheeaa Painho Khaaeanaee ||	Whatever You give me, I wear and eat.	ਹੇ ਪ੍ਰਭੂ! ਜੋ ਕੁਝ ਤੂੰ ਮੈਨੂੰ (ਪਹਿਨਣ ਨੂੰ, ਖਾਣ ਨੂੰ,) ਦੇਂਦਾ ਹੈਂ ਉਹੀ ਮੈਂ (ਸੰਤੋਖ ਨਾਲ) ਪਹਿਨਦਾ ਤੇ ਖਾਂਦਾ ਹਾਂ,
17696	386	ਤਉ ਪ੍ਰਸਾਦਿ ਪ੍ਰਭ ਸੁਖੀ ਵਲਾਈਂ॥੨॥	(ਵਲਾਈਂ) ਬਤੀਤ ਕਰਦੇ	Tho Prasaadh Prabh Sukhee Valaaeanaee ||2||	By Your Grace, O God, my life passes peacefully. ||2||	ਤੇਰੀ ਕਿਰਪਾ ਨਾਲ ਮੈਂ (ਆਪਣਾ ਜੀਵਨ) ਸੁਖ-ਆਨੰਦ ਨਾਲ ਬਿਤੀਤ ਕਰ ਰਿਹਾ ਹਾਂ ॥੨॥
17697	386	ਮਨ ਤਨ ਅੰਤਰਿ ਤੁਝੈ ਧਿਆਈਂ॥		Man Than Anthar Thujhai Dhhiaaeanaee ||	Deep within my mind and body, I meditate on You.	ਹੇ ਪ੍ਰਭੂ! ਮੈਂ ਆਪਣੇ ਮਨ ਵਿਚ ਆਪਣੇ ਹਿਰਦੇ ਵਿਚ (ਸਦਾ) ਤੈਨੂੰ ਹੀ ਯਾਦ ਕਰਦਾ ਰਹਿੰਦਾ ਹਾਂ,
17698	386	ਤੁਮਰੈ ਲਵੈ ਨ ਕੋਊ ਲਾਈਂ॥੩॥		Thumharai Lavai N Kooo Laaeanaee ||3||	I recognize none as equal to You. ||3||	ਤੇਰੇ ਬਰਾਬਰ ਦਾ ਮੈਂ ਹੋਰ ਕਿਸੇ ਨੂੰ ਨਹੀਂ ਸਮਝਦਾ ॥੩॥

17699	386	ਕਹੁ ਨਾਨਕ ਨਿਤ ਇਵੈ ਧਿਆਈਂ॥		Kahu Naanak Nith Eivai Dhhiaaeanaee ||	Says Nanak, this is my continual meditation:	ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰਦਾ ਰਹੁ ਤੇ) ਆਖ- (ਹੇ ਪ੍ਰਭੂ! ਮੇਹਰ ਕਰ) ਮੈਂ ਇਸੇ ਤਰ੍ਹਾਂ ਸਦਾ ਤੈਨੂੰ ਸਿਮਰਦਾ ਰਹਾਂ।
17700	386	ਗਤਿ ਹੋਵੈ ਸੰਤਹ ਲਗਿ ਪਾਈਂ॥੪॥੯॥੬੦॥	ਲੱਗਿ	Gath Hovai Santheh Lag Paaeanaee ||4||9||60||	That I may be emancipated, clinging to the Feet of the Saints. ||4||9||60||	(ਤੇਰੀ ਮੇਹਰ ਹੋਵੇ ਤਾਂ ਤੇਰੇ) ਸੰਤ ਜਨਾਂ ਦੀ ਚਰਨੀਂ ਲੱਗ ਕੇ ਮੈਨੂੰ ਉੱਚੀ ਆਤਮਕ ਅਵਸਥਾ ਮਿਲੀ ਰਹੇ ॥੪॥੯॥੬੦॥
17701	386	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17702	386	ਊਠਤ ਬੈਠਤ ਸੋਵਤ ਧਿਆਈਐ॥		Oothath Baithath Sovath Dhhiaaeeai ||	While standing up, and sitting down, and even while asleep, meditate on the Lord.	(ਹੇ ਭਾਈ!) ਉਠਦਿਆਂ ਬੈਠਦਿਆਂ ਸੁੱਤਿਆਂ (ਜਾਗਦਿਆਂ ਹਰ ਵੇਲੇ) ਪਰਮਾਤਮਾ ਨੂੰ ਯਾਦ ਕਰਦੇ ਰਹਿਣਾ ਚਾਹੀਦਾ ਹੈ,
17703	386	ਮਾਰਗਿ ਚਲਤ ਹਰੇ ਹਰਿ ਗਾਈਐ॥੧॥		Maarag Chalath Harae Har Gaaeeai ||1||	Walking on the Way, sing the Praises of the Lord. ||1||	ਰਸਤੇ ਤੁਰਦਿਆਂ ਭੀ ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਰਹਿਣਾ ਰਹਿਣਾ ਚਾਹੀਦਾ ਹੈ ॥੧॥
17704	386	ਸ੍ਰਵਨ ਸੁਨੀਜੈ ਅੰਮ੍ਰਿਤ ਕਥਾ॥		Sravan Suneejai Anmrith Kathhaa ||	With your ears, listen to the Ambrosial Sermon.	(ਹੇ ਭਾਈ!) ਕੰਨਾਂ ਨਾਲ (ਪਰਮਾਤਮਾ ਦੀ) ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ ਸੁਣਦੇ ਰਹਿਣਾ ਚਾਹੀਦਾ ਹੈ,

17705	386	ਜਾਸੁ ਸੁਨੀ ਮਨਿ ਹੋਇ ਅਨੰਦਾ ਦੂਖ ਰੋਗ ਮਨ ਸਗਲੇ ਲਥਾ॥੧॥ਰਹਾਉ॥	ਲੱਥਾ	Jaas Sunee Man Hoe Anandhaa Dhookh Rog Man Sagalae Lathhaa ||1|| Rehaao ||	Listening to it, your mind shall be filled with bliss, and the troubles and diseases of your mind shall all depart. ||1||Pause||	ਜਿਸ ਦੇ ਸੁਣਿਆਂ ਮਨ ਵਿਚ ਆਤਮਕ ਆਨੰਦ ਪੈਦਾ ਹੁੰਦਾ ਹੈ ਤੇ ਮਨ ਦੇ ਸਾਰੇ ਦੁੱਖ ਰੋਗ ਦੂਰ ਹੋ ਜਾਂਦੇ ਹਨ ॥੧॥ ਰਹਾਉ ॥
17706	386	ਕਾਰਜਿ ਕਾਮਿ ਬਾਟ ਘਾਟ ਜਪੀਜੈ॥	(ਕਾਮਿ) ਕੰਮ (ਕਾਰਜ) ਕਾਜ ਕਰਦਿਆਂ (ਬਾਟ) ਰਸਤੇ ਚੱਲਦਿਆਂ, (ਘਾਟ) ਪੱਤਣ ਤੇ ਪਹੁੰਚਦਿਆਂ ਆਦਿ ਹਮੇਸ਼ਾਂ ਹਰਿ ਜੀ ਨੂੰ ਜਪੋ	Kaaraj Kaam Baatt Ghaatt Japeejai ||	While you work at your job, on the road and at the beach, meditate and chant.	(ਹੇ ਭਾਈ!) ਹਰੇਕ ਕੰਮ ਕਾਜ ਕਰਦਿਆਂ, ਰਾਹੇ ਤੁਰਦਿਆਂ, ਪੱਤਣ ਲੰਘਦਿਆਂ ਪਰਮਾਤਮਾ ਦਾ ਨਾਮ ਜਪਦੇ ਰਹਿਣਾ ਚਾਹੀਦਾ ਹੈ,
17707	386	ਗੁਰ ਪ੍ਰਸਾਦਿ ਹਰਿ ਅੰਮ੍ਰਿਤੁ ਪੀਜੈ॥੨॥		Gur Prasaadh Har Anmrith Peejai ||2||	By Guru's Grace, drink in the Ambrosial Essence of the Lord. ||2||	ਤੇ ਗੁਰੂ ਦੀ ਕਿਰਪਾ ਦੀ ਬਰਕਤਿ ਨਾਲ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਲ ਪੀਂਦੇ ਰਹਿਣਾ ਚਾਹੀਦਾ ਹੈ ॥੨॥
17708	386	ਦਿਨਸੁ ਰੈਨਿ ਹਰਿ ਕੀਰਤਨੁ ਗਾਈਐ॥		Dhinas Rain Har Keerathan Gaaeeai ||	The humble being who sings the Kirtan of the Lord's Praises, day and night	(ਹੇ ਭਾਈ!) ਦਿਨ ਰਾਤ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦੇ ਰਹਿਣਾ ਚਾਹੀਦਾ ਹੈ।
17709	386	ਸੋ ਜਨੁ ਜਮ ਕੀ ਵਾਟ ਨ ਪਾਈਐ॥੩॥	(ਵਾਟ) ਰਸਤਾ	So Jan Jam Kee Vaatt N Paaeeai ||3||	Does not have to go with the Messenger of Death. ||3||	(ਜੇਹੜਾ ਇਹ ਕੰਮ ਕਰਦਾ ਰਹਿੰਦਾ ਹੈ) ਜ਼ਿੰਦਗੀ ਦੇ ਸਫ਼ਰ ਵਿਚ ਆਤਮਕ ਮੌਤ ਉਸ ਦੇ ਨੇੜੇ ਨਹੀਂ ਢੁੱਕਦੀ ॥੩॥

17710	386	ਆਠ ਪਹਰ ਜਿਸੁ ਵਿਸਰਹਿ ਨਾਹੀ॥		Aath Pehar Jis Visarehi Naahee ||	One who does not forget the Lord, twenty-four hours a day, is emancipated;	(ਹੇ ਪ੍ਰਭੂ!) ਜਿਸ ਮਨੁੱਖ ਨੂੰ ਅੱਠੇ ਪਹਰ ਕਿਸੇ (ਵੇਲੇ ਭੀ) ਤੂੰ ਨਹੀਂ ਵਿਸਰਦਾ,
17711	386	ਗਤਿ ਹੋਵੈ ਨਾਨਕ ਤਿਸੁ ਲਗਿ ਪਾਈ॥੪॥੧੦॥੬੧॥	ਲੱਗਿ	Gath Hovai Naanak This Lag Paaee ||4||10||61||	O Nanak, I fall at his feet. ||4||10||61||	ਹੇ ਨਾਨਕ! (ਆਖ-) ਉਸ ਦੀ ਚਰਨੀਂ ਲੱਗ ਕੇ (ਹੋਰ ਮਨੁੱਖਾਂ ਨੂੰ ਭੀ) ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ ॥੪॥੧੦॥੬੧॥
17712	386	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17713	386	ਜਾ ਕੈ ਸਿਮਰਨਿ ਸੂਖ ਨਿਵਾਸੁ॥		Jaa Kai Simaran Sookh Nivaas ||	Remembering Him in meditation, one abides in peace;	(ਹੇ ਭਾਈ! ਗੁਰੂ ਦੇ ਕਹੇ ਅਨੁਸਾਰ ਉਸ ਪਰਮਾਤਮਾ ਦਾ ਸਿਮਰਨ ਕਰਦੇ ਰਹੋ) ਜਿਸ ਦੇ ਸਿਮਰਨ ਦੀ ਬਰਕਤਿ ਨਾਲ (ਮਨ ਵਿਚ) ਸੁਖ ਦਾ ਵਾਸ ਹੋ ਜਾਂਦਾ ਹੈ,
17714	386	ਭਈ ਕਲਿਆਣ ਦੁਖ ਹੋਵਤ ਨਾਸੁ॥੧॥		Bhee Kaliaan Dhukh Hovath Naas ||1||	One becomes happy, and suffering is ended. ||1||	ਸਦਾ ਸੁਖ-ਸਾਂਦ ਬਣੀ ਰਹਿੰਦੀ ਹੈ ਤੇ ਦੁੱਖਾਂ ਦਾ ਨਾਸ ਹੋ ਜਾਂਦਾ ਹੈ ॥੧॥
17715	386	ਅਨਦੁ ਕਰਹੁ ਪ੍ਰਭ ਕੇ ਗੁਨ ਗਾਵਹੁ॥	ਅਨ-ਦੁ	Anadh Karahu Prabh Kae Gun Gaavahu ||	Celebrate, make merry, and sing God's Glories.	(ਹੇ ਭਾਈ! ਆਪਣੇ ਗੁਰੂ ਦੇ ਉਪਦੇਸ਼ ਅਨੁਸਾਰ ਤੁਰ ਕੇ) ਸਦਾ ਹੀ ਗੁਰੂ ਦੀ ਪ੍ਰਸੰਨਤਾ ਪ੍ਰਾਪਤ ਕਰਦੇ ਰਹੋ।

17716	386	ਸਤਿਗੁਰੁ ਅਪਨਾ ਸਦ ਸਦਾ ਮਨਾਵਹੁ॥੧॥ਰਹਾਉ ॥		Sathigur Apanaa Sadh Sadhaa Manaavahu ||1|| Rehaao ||	Forever and ever, surrender to the True Guru. ||1||Pause||	(ਗੁਰੂ ਦੇ ਹੁਕਮ ਅਨੁਸਾਰ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਰਿਹਾ ਕਰੋ (ਇਸ ਦਾ ਨਤੀਜਾ ਇਹ ਹੋਵੇਗਾ ਕਿ ਸਦਾ) ਆਤਮਕ ਆਨੰਦ ਮਾਣਦੇ ਰਹੋਗੇ ॥੧॥ ਰਹਾਉ ॥
17717	386	ਸਤਿਗੁਰ ਕਾ ਸਚੁ ਸਬਦੁ ਕਮਾਵਹੁ॥		Sathigur Kaa Sach Sabadh Kamaavahu ||	Act in accordance with the Shabad, the True Word of the True Guru.	(ਹੇ ਭਾਈ!) ਸਦਾ-ਥਿਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਾਲੇ ਗੁਰ-ਸ਼ਬਦ ਨੂੰ ਹਰ ਵੇਲੇ ਹਿਰਦੇ ਵਿਚ ਰੱਖੋ (ਸ਼ਬਦ ਅਨੁਸਾਰ ਆਪਣਾ ਜੀਵਨ ਘੜਦੇ ਰਹੋ।
17718	386	ਥਿਰੁ ਘਰਿ ਬੈਠੇ ਪ੍ਰਭੁ ਅਪਨਾ ਪਾਵਹੁ॥੨॥	(ਥਿਰੁ) ਅਡੋਲ	Thhir Ghar Baithae Prabh Apanaa Paavahu ||2||	Remain steady and stable within the home of your own self, and find God. ||2||	ਇਸ ਸ਼ਬਦ ਦੀ ਬਰਕਤਿ ਨਾਲ ਆਪਣੇ) ਹਿਰਦੇ-ਘਰ ਵਿਚ ਅਡੋਲ ਟਿਕੇ ਰਹੋਗੇ (ਭਟਕਣਾ ਮੁੱਕ ਜਾਏਗੀ) ਤੇ ਪਰਮਾਤਮਾ ਨੂੰ ਆਪਣੇ ਅੰਦਰ ਹੀ ਲੱਭ ਲਵੋਗੇ ॥੨॥
17719	386	ਪਰ ਕਾ ਬੁਰਾ ਨ ਰਾਖਹੁ ਚੀਤ॥	(ਪਰ) ਪਰਾਏ	Par Kaa Buraa N Raakhahu Cheeth ||	Do not harbor evil intentions against others in your mind,	ਹੇ ਵੀਰ! ਹੇ ਮਿੱਤਰ! ਕਦੇ ਕਿਸੇ ਦਾ ਬੁਰਾ ਨਾਹ ਚਿਤਵਿਆ ਕਰੋ।
17720	386	ਤੁਮ ਕਉ ਦੁਖੁ ਨਹੀ ਭਾਈ ਮੀਤ॥੩॥		Thum Ko Dhukh Nehee Bhaaee Meeth ||3||	And you shall not be troubled, O Siblings of Destiny, O friends. ||3||	(ਕਦੇ ਮਨ ਵਿਚ ਇਹ ਇੱਛਾ ਪੈਦਾ ਨਾਹ ਹੋਣ ਦਿਓ ਕਿ ਕਿਸੇ ਦਾ ਨੁਕਸਾਨ ਹੋਵੇ। ਇਸ ਦਾ ਸਿੱਟਾ ਇਹ ਹੋਵੇਗਾ ਕਿ) ਤੁਹਾਨੂੰ ਭੀ ਕੋਈ ਦੁੱਖ ਨਹੀਂ ਪੋਹ ਸਕੇਗਾ ॥੩॥

17721	386	ਹਰਿ ਹਰਿ ਤੰਤੁ ਮੰਤੁ ਗੁਰਿ ਦੀਨ੍ਹਾ॥	(ਤੰਤੁ) ਜਾਦੂ (ਮੰਤੁ) ਮੰਤ੍ਰ	Har Har Thanth Manth Gur Dheenhaa ||	The Name of the Lord, Har, Har, is the Tantric exercise, and the Mantra, given by the Guru.	ਜਿਸ ਮਨੁੱਖ ਨੂੰ ਗੁਰੂ ਨੇ ਪਰਮਾਤਮਾ ਦਾ ਨਾਮ ਹੀ ਟੂਣਾ ਦਿੱਤਾ ਹੈ ਪਰਮਾਤਮਾ ਦਾ ਨਾਮ ਹੀ ਮੰਤਰ ਦਿੱਤਾ ਹੈ,
17722	386	ਇਹੁ ਸੁਖੁ ਨਾਨਕ ਅਨ ਦਿਨੁ ਚੀਨ੍ਹਾ॥੪॥੧੧॥੬੨॥	(ਚੀਨਾ) ਜਾਣਿਆ	Eihu Sukh Naanak Anadhin Cheenhaa ||4||11||62||	Nanak knows this peace alone, night and day. ||4||11||62||	ਹੇ ਨਾਨਕ! (ਉਹ ਮੰਤਰਾਂ ਟੂਣਿਆਂ ਦੀ ਰਾਹੀਂ ਹੋਰਨਾਂ ਦਾ ਬੁਰਾ ਚਿਤਵਨ ਦੇ ਥਾਂ, ਆਪਣੇ ਅੰਦਰ) ਹਰ ਵੇਲੇ (ਪਰਮਾਤਮਾ ਦੇ ਨਾਮ ਤੋਂ ਪੈਦਾ ਹੋਇਆ) ਆਤਮਕ ਆਨੰਦ ਵੱਸਦਾ ਪਛਾਣ ਲੈਂਦਾ ਹੈ ॥੪॥੧੧॥੬੨॥
17723	386	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17724	386	ਜਿਸੁ ਨੀਚ ਕਉ ਕੋਈ ਨ ਜਾਨੈ॥		Jis Neech Ko Koee N Jaanai ||	That wretched being, whom no one knows	ਹੇ ਪ੍ਰਭੂ! ਜਿਸ ਮਨੁੱਖ ਨੂੰ ਨੀਵੀਂ ਜਾਤਿ ਦਾ ਸਮਝ ਕੇ ਕੋਈ ਜਾਣਦਾ-ਪਛਾਣਦਾ ਭੀ ਨਹੀਂ,
17725	386	ਨਾਮੁ ਜਪਤ ਉਹੁ ਚਹੁ ਕੁੰਟ ਮਾਨੈ॥੧॥		Naam Japath Ouhu Chahu Kuntt Maanai ||1||	- chanting the Naam, the Name of the Lord, he is honored in the four directions. ||1||	ਤੇਰਾ ਨਾਮ ਜਪਣ ਦੀ ਬਰਕਤਿ ਨਾਲ ਸਾਰੇ ਜਗਤ ਵਿਚ ਉਸ ਦਾ ਆਦਰ-ਮਾਣ ਹੋਣ ਲੱਗ ਪੈਂਦਾ ਹੈ ॥੧॥
17726	386	ਦਰਸਨੁ ਮਾਗਉ ਦੇਹਿ ਪਿਆਰੇ॥		Dharasan Maago Dhaehi Piaarae ||	I beg for the Blessed Vision of Your Darshan; please, give it to me, O Beloved!	ਹੇ ਪਿਆਰੇ ਪ੍ਰਭੂ! ਮੈਂ ਤੇਰਾ ਦਰਸਨ ਮੰਗਦਾ ਹਾਂ (ਮੈਨੂੰ ਆਪਣੇ ਦਰਸਨ ਦੀ ਦਾਤਿ) ਦੇਹ।

17727	386	ਤੁਮਰੀ ਸੇਵਾ ਕਉਨ ਕਉਨ ਨ ਤਾਰੇ॥੧॥ਰਹਾਉ॥		Thumaree Saevaa Koun Koun N Thaarae ||1|| Rehaao ||	Serving You, who, who has not been saved? ||1||Pause||	ਜਿਸ ਜਿਸ ਨੇ ਤੇਰੀ ਸੇਵਾ-ਭਗਤੀ ਕੀਤੀ ਉਸ ਉਸ ਨੂੰ (ਤੂੰ ਆਪਣਾ ਦਰਸਨ ਦੇ ਕੇ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦਿੱਤਾ ॥੧॥ ਰਹਾਉ ॥
17728	386	ਜਾ ਕੈ ਨਿਕਟਿ ਨ ਆਵੈ ਕੋਈ॥		Jaa Kai Nikatt N Aavai Koee ||	That person, whom no one wants to be near	ਹੇ ਪ੍ਰਭੂ! (ਕੰਗਾਲ ਜਾਣ ਕੇ) ਜਿਸ ਮਨੁੱਖ ਦੇ ਨੇੜੇ ਭੀ ਕੋਈ ਨਹੀਂ ਸੀ ਢੁਕਦਾ,
17729	386	ਸਗਲ ਸ੍ਰਿਸਟਿ ਉਆ ਕੇ ਚਰਨ ਮਲਿ ਧੋਈ॥੨॥		Sagal Srisatt Ouaa Kae Charan Mal Dhhoee ||2||	- the whole world comes to wash the dirt of his feet. ||2||	(ਤੇਰਾ ਨਾਮ ਜਪਣ ਦੀ ਬਰਕਤਿ ਨਾਲ ਫਿਰ) ਸਾਰੀ ਲੋਕਾਈ ਉਸ ਦੇ ਪੈਰ ਮਲ ਮਲ ਕੇ ਧੋਣ ਲੱਗ ਪੈਂਦੀ ਹੈ ॥੨॥
17730	386	ਜੋ ਪ੍ਰਾਨੀ ਕਾਹੂ ਨ ਆਵਤ ਕਾਮ॥		Jo Praanee Kaahoo N Aavath Kaam ||	That mortal, who is of no use to anyone at all	ਹੇ ਪ੍ਰਭੂ! ਜੇਹੜਾ ਮਨੁੱਖ (ਪਹਿਲਾਂ) ਕਿਸੇ ਦਾ ਕੋਈ ਕੰਮ ਸਵਾਰਨ ਜੋਗਾ ਨਹੀਂ ਸੀ,
17731	386	ਸੰਤ ਪ੍ਰਸਾਦਿ ਤਾ ਕੋ ਜਪੀਐ ਨਾਮ॥੩॥		Santh Prasaadh Thaa Ko Japeeai Naam ||3||	- by the Grace of the Saints, he meditates on the Naam. ||3||	(ਹੁਣ) ਗੁਰੂ ਦੀ ਕਿਰਪਾ ਨਾਲ (ਤੇਰਾ ਨਾਮ ਜਪਣ ਕਰਕੇ) ਉਸ ਨੂੰ ਹਰ ਥਾਂ ਯਾਦ ਕੀਤਾ ਜਾਂਦਾ ਹੈ ॥੩॥
17732	386	ਸਾਧਸੰਗਿ ਮਨ ਸੋਵਤ ਜਾਗੇ॥		Saadhhasang Man Sovath Jaagae ||	In the Saadh Sangat, the Company of the Holy, the sleeping mind awakens.	ਹੇ ਮਨ! ਸਾਧ ਸੰਗਤਿ ਵਿਚ ਆ ਕੇ (ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤੇ ਹੋਏ ਲੋਕ ਜਾਗ ਪੈਂਦੇ ਹਨ (ਆਤਮਕ ਜੀਵਨ ਦੀ ਸੂਝ ਪ੍ਰਾਪਤ ਕਰ ਲੈਂਦੇ ਹਨ, ਤੇ)

17733	386	ਤਬ ਪ੍ਰਭ ਨਾਨਕ ਮੀਠੇ ਲਾਗੇ॥੪॥੧੨॥੬੩॥		Thab Prabh Naanak Meethae Laagae ||4||12||63||	Then, O Nanak, God seems sweet. ||4||12||63||	ਹੇ ਨਾਨਕ! (ਆਖ-) ਤਦੋਂ ਉਹਨਾਂ ਨੂੰ ਪ੍ਰਭੂ ਜੀ ਪਿਆਰੇ ਲੱਗਣ ਲੱਗ ਪੈਂਦੇ ਹਨ ॥੪॥੧੨॥੬੩॥
17734	386	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17735	386	ਏਕੋ ਏਕੀ ਨੈਨ ਨਿਹਾਰਉ॥	(ਨਿਹਾਰਉ) ਦੇਖਦਾ	Eaeko Eaekee Nain Nihaaro ||	With my eyes, I behold the One and Only Lord.	(ਹੇ ਭਾਈ! ਗੁਰੂ ਦੇ ਪ੍ਰਤਾਪ ਦਾ ਸਦਕਾ ਹੀ) ਮੈਂ ਹਰ ਥਾਂ ਪਰਮਾਤਮਾ ਨੂੰ ਹੀ ਵੱਸਦਾ ਆਪਣੀਆਂ ਅੱਖਾਂ ਨਾਲ ਵੇਖਦਾ ਹਾਂ,
17736	386	ਸਦਾ ਸਦਾ ਹਰਿ ਨਾਮੁ ਸਮ੍ਹਾਰਉ॥੧॥		Sadhaa Sadhaa Har Naam Samhaaro ||1||	Forever and ever, I contemplate the Naam, the Name of the Lord. ||1||	ਤੇ ਸਦਾ ਹੀ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਟਿਕਾਈ ਰੱਖਦਾ ਹਾਂ ॥੧॥
17737	387	ਰਾਮ ਰਾਮਾ ਰਾਮਾ ਗੁਨ ਗਾਵਉ॥		Raam Raamaa Raamaa Gun Gaavo ||	I sing the Praises of the Lord, Raam, Raam, Raam.	ਹੇ ਭਾਈ! ਮੈਂ ਪਰਮਾਤਮਾ ਦੇ ਸੋਹਣੇ ਗੁਣ ਗਾਂਦਾ ਰਹਿੰਦਾ ਹਾਂ,
17738	387	ਸੰਤ ਪ੍ਰਤਾਪਿ ਸਾਧ ਕੈ ਸੰਗੇ ਹਰਿ ਹਰਿ ਨਾਮੁ ਧਿਆਵਉ ਰੇ॥੧॥ਰਹਾਉ॥	ਧਿਆਵਉ	Santh Prathaap Saadhh Kai Sangae Har Har Naam Dhhiaavo Rae ||1|| Rehaao ||	By the graceful favor of the Saints, I meditate on the Name of the Lord, Har, Har, in the Saadh Sangat, the Company of the Holy. ||1||Pause||	ਗੁਰੂ ਦੇ ਬਖ਼ਸ਼ੇ ਪ੍ਰਤਾਪ ਦੀ ਬਰਕਤਿ ਨਾਲ ਗੁਰੂ ਦੀ ਸੰਗਤਿ ਵਿਚ ਰਹਿ ਕੇ ਮੈਂ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹਾਂ ॥੧॥ ਰਹਾਉ ॥

17739	387	ਸਗਲ ਸਮਗ੍ਰੀ ਜਾ ਕੈ ਸੂਤਿ ਪਰੋਈ॥	ਸਮੱਗ੍ਰੀ	Sagal Samagree Jaa Kai Sooth Paroee ||	Everything is strung on His string.	(ਹੇ ਭਾਈ! ਗੁਰੂ ਦੇ ਬਖ਼ਸ਼ੇ ਪ੍ਰਤਾਪ ਦੀ ਬਰਕਤਿ ਨਾਲ ਹੁਣ ਮੈਨੂੰ ਇਹ ਨਿਸਚਾ ਹੈ ਕਿ) ਜਿਸ (ਪਰਮਾਤਮਾ ਦੀ ਰਜ਼ਾ) ਦੇ ਧਾਗੇ ਵਿਚ ਸਾਰੇ ਪਦਾਰਥ ਪ੍ਰੋਤੇ ਹੋਏ ਹਨ,
17740	387	ਘਟ ਘਟ ਅੰਤਰਿ ਰਵਿਆ ਸੋਈ॥੨॥		Ghatt Ghatt Anthar Raviaa Soee ||2||	He is contained in each and every heart. ||2||	ਉਹ ਪਰਮਾਤਮਾ ਹੀ ਹਰੇਕ ਸਰੀਰ ਦੇ ਅੰਦਰ ਵੱਸ ਰਿਹਾ ਹੈ ॥੨॥
17741	387	ਉਪਤਿ ਪਰਲਉ ਖਿਨ ਮਹਿ ਕਰਤਾ॥		Oupath Paralo Khin Mehi Karathaa ||	He creates and destroys in an instant.	(ਹੇ ਭਾਈ! ਗੁਰੂ ਦੀ ਸੰਗਤਿ ਵਿਚ ਟਿਕੇ ਰਹਿਣ ਸਦਕਾ ਹੁਣ ਮੈਂ ਜਾਣਦਾ ਹਾਂ ਕਿ) ਪਰਮਾਤਮਾ ਇਕ ਖਿਨ ਵਿਚ ਸਾਰੇ ਜਗਤ ਦੀ ਉਤਪੱਤੀ ਤੇ ਨਾਸ ਕਰ ਸਕਦਾ ਹੈ,
17742	387	ਆਪਿ ਅਲੇਪਾ ਨਿਰਗੁਨੁ ਰਹਤਾ॥੩॥		Aap Alaepaa Niragun Rehathaa ||3||	He Himself remains unattached, and without attributes. ||3||	(ਸਾਰੇ ਜਗਤ ਵਿਚ ਵਿਆਪਕ ਹੁੰਦਾ ਹੋਇਆ ਭੀ) ਪ੍ਰਭੂ ਆਪ ਸਭ ਤੋਂ ਵੱਖਰਾ ਰਹਿੰਦਾ ਹੈ ਤੇ ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਤੋਂ ਅਛੋਹ ਰਹਿੰਦਾ ਹੈ ॥੩॥
17743	387	ਕਰਨ ਕਰਾਵਨ ਅੰਤਰਜਾਮੀ॥		Karan Karaavan Antharajaamee ||	He is the Creator, the Cause of causes, the Searcher of hearts.	(ਹੇ ਭਾਈ! ਗੁਰੂ ਦੇ ਪ੍ਰਤਾਪ ਦੀ ਬਰਕਤਿ ਨਾਲ ਮੈਨੂੰ ਇਹ ਯਕੀਨ ਬਣਿਆ ਹੈ ਕਿ) ਹਰੇਕ ਦੇ ਦਿਲ ਦੀ ਜਾਣਨ ਵਾਲਾ ਪਰਮਾਤਮਾ (ਸਭ ਵਿਚ ਵਿਆਪਕ ਹੋ ਕੇ) ਸਭ ਕੁਝ ਕਰਨ ਤੇ ਜੀਵਾਂ ਪਾਸੋਂ ਕਰਾਣ ਦੀ ਸਮਰੱਥਾ ਰੱਖਦਾ ਹੈ।

17744	387	ਅਨੰਦ ਕਰੈ ਨਾਨਕ ਕਾ ਸੁਆਮੀ॥੪॥੧੩॥੬੪॥	ਅਨੰਦ	Anandh Karai Naanak Kaa Suaamee ||4||13||64||	Nanak's Lord and Master celebrates in bliss. ||4||13||64||	(ਇਤਨੇ ਖਲਜਗਨ ਵਾਲਾ ਹੁੰਦਾ ਹੋਇਆ ਭੀ) ਮੈਂ ਨਾਨਕ ਦਾ ਖਸਮ-ਪ੍ਰਭੂ ਸਦਾ ਪ੍ਰਸੰਨ ਰਹਿੰਦਾ ਹੈ ॥੪॥੧੩॥੬੪॥
17745	387	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17746	387	ਕੋਟਿ ਜਨਮ ਕੇ ਰਹੇ ਭਵਾਰੇ॥	(ਭਵਾਰੇ) ਭਟਕਣ	Kott Janam Kae Rehae Bhavaarae ||	My wandering through millions of births has ended.	(ਹੇ ਭਾਈ! ਜਿਨ੍ਹਾਂ ਨੂੰ ਸੰਤ ਜਨਾਂ ਦੀ ਚਰਨ-ਧੂੜ ਪ੍ਰਾਪਤ ਹੋਈ, ਉਹਨਾਂ ਦੇ) ਕ੍ਰੋੜਾਂ ਜਨਮਾਂ ਦੇ ਗੇੜ ਮੁੱਕ ਗਏ,
17747	387	ਦੁਲਭ ਦੇਹ ਜੀਤੀ ਨਹੀ ਹਾਰੇ॥੧॥	ਦੁ-ਲਭ	Dhulabh Dhaeh Jeethee Nehee Haarae ||1||	I have won, and not lost, this human body, so difficult to obtain. ||1||	ਉਹਨਾਂ ਨੇ ਮੁਸ਼ਕਲ ਨਾਲ ਮਿਲੇ ਇਸ ਮਨੁੱਖਾ ਜਨਮ ਦੀ ਬਾਜ਼ੀ ਜਿੱਤ ਲਈ, (ਉਹਨਾਂ ਮਾਇਆ ਦੇ ਹੱਥੋਂ) ਹਾਰ ਨਹੀਂ ਖਾਧੀ ॥੧॥
17748	387	ਕਿਲਬਿਖ ਬਿਨਾਸੇ ਦੁਖ ਦਰਦ ਦੂਰਿ॥	(ਕਿਲਬਿਖ) ਪਾਪ	Kilabikh Binaasae Dhukh Dharadh Dhoor ||	My sins have been erased, and my sufferings and pains are gone.	(ਹੇ ਭਾਈ! (ਉਹਨਾਂ ਦੇ ਸਾਰੇ) ਪਾਪ ਨਸ਼ਟ ਹੋ ਗਏ, ਦੁਖ ਕਲੇਸ਼ ਦੂਰ ਹੋ ਗਏ,
17749	387	ਭਏ ਪੁਨੀਤ ਸੰਤਨ ਕੀ ਧੂਰਿ॥੧॥ਰਹਾਉ॥		Bheae Puneeth Santhan Kee Dhhoor ||1|| Rehaao ||	I have been sanctified by the dust of the feet of the Saints. ||1||Pause||	ਉਹ ਪਵਿਤ੍ਰ ਜੀਵਨ ਵਾਲੇ ਹੋ ਗਏ, ਜਿਨ੍ਹਾਂ ਵਡ-ਭਾਗੀ ਮਨੁੱਖਾਂ ਨੂੰ) ਸੰਤ ਜਨਾਂ ਦੇ ਚਰਨਾਂ ਦੀ ਧੂੜ ਮਿਲ ਗਈ ॥੧॥ ਰਹਾਉ ॥

17750	387	ਪ੍ਰਭ ਕੇ ਸੰਤ ਉਧਾਰਨ ਜੋਗ॥		Prabh Kae Santh Oudhhaaran Jog ||	The Saints of God have the ability to save us;	(ਹੇ ਭਾਈ!) ਪਰਮਾਤਮਾ ਦੀ ਭਗਤੀ ਕਰਨ ਵਾਲੇ ਸੰਤ ਜਨ ਹੋਰਨਾਂ ਨੂੰ ਭੀ ਵਿਕਾਰਾਂ ਤੋਂ ਬਚਾਣ ਦੀ ਸਮਰੱਥਾ ਰੱਖਦੇ ਹਨ,
17751	387	ਤਿਸੁ ਭੇਟੇ ਜਿਸੁ ਧੁਰਿ ਸੰਜੋਗ॥੨॥		This Bhaettae Jis Dhhur Sanjog ||2||	They meet with those of us who have such pre-ordained destiny. ||2||	ਪਰ ਸੰਤ ਜਨ ਮਿਲਦੇ ਸਿਰਫ਼ ਉਸ ਮਨੁੱਖ ਨੂੰ ਹੀ ਹਨ ਜਿਸ ਦੇ ਭਾਗਾਂ ਵਿਚ ਧੁਰ ਦਰਗਾਹ ਤੋਂ ਮਿਲਾਪ ਦਾ ਲੇਖ ਲਿਖਿਆ ਹੁੰਦਾ ਹੈ ॥੨॥
17752	387	ਮਨਿ ਆਨੰਦੁ ਮੰਤ੍ਰੁ ਗੁਰਿ ਦੀਆ॥		Man Aanandh Manthra Gur Dheeaa ||	My mind is filled with bliss, since the Guru gave me the Mantra of the Lord's Name.	(ਹੇ ਭਾਈ! ਜਿਸ ਮਨੁੱਖ ਨੂੰ) ਗੁਰੂ ਨੇ ਉਪਦੇਸ਼ ਦੇ ਦਿੱਤਾ ਉਸ ਦੇ ਮਨ ਵਿਚ (ਸਦਾ) ਆਨੰਦ ਬਣਿਆ ਰਹਿੰਦਾ ਹੈ।
17753	387	ਤ੍ਰਿਸਨ ਬੁਝੀ ਮਨੁ ਨਿਹਚਲੁ ਥੀਆ॥੩॥	ਬੁਝੀ: ਪੋਲਾ ਬੋਲੋ	Thrisan Bujhee Man Nihachal Thheeaa ||3||	My thirst has been quenched, and my mind has become steady and stable. ||3||	(ਉਸ ਦੇ ਅੰਦਰੋਂ ਮਾਇਆ ਦੀ) ਤ੍ਰਿਸ਼ਨਾ (ਦੀ ਅੱਗ) ਬੁੱਝ ਜਾਂਦੀ ਹੈ, ਉਸ ਦਾ ਮਨ (ਮਾਇਆ ਦੇ ਹੱਲਿਆਂ ਦੇ ਟਾਕਰੇ ਤੇ) ਡੋਲਣੋਂ ਹਟ ਜਾਂਦਾ ਹੈ ॥੩॥

17754	387	ਨਾਮੁ ਪਦਾਰਥੁ ਨਉ ਨਿਧਿ ਸਿਧਿ॥		Naam Padhaarathh No Nidhh Sidhh ||	The wealth of the Naam, the Name of the Lord, is for me the nine treasures, and the spiritual powers of the Siddhas.	ਉਸ ਮਨੁੱਖ ਨੂੰ ਸਭ ਤੋਂ ਕੀਮਤੀ ਪਦਾਰਥ ਪਰਮਾਤਮਾ ਦਾ ਨਾਮ ਮਿਲ ਜਾਂਦਾ ਹੈ, ਉਸ ਨੂੰ, ਮਾਨੋ, ਦੁਨੀਆ ਦੇ ਸਾਰੇ ਨੌ ਖ਼ਜ਼ਾਨੇ ਮਿਲ ਜਾਂਦੇ ਹਨ ਉਸ ਨੂੰ ਕਰਾਮਤੀ ਤਾਕਤਾਂ ਪ੍ਰਾਪਤ ਹੋ ਜਾਂਦੀਆਂ ਹਨ (ਭਾਵ, ਉਸ ਨੂੰ ਦੁਨੀਆ ਦੇ ਧਨ-ਪਦਾਰਥ ਅਤੇ ਰਿੱਧੀਆਂ ਸਿੱਧੀਆਂ ਦੀ ਲਾਲਸਾ ਨਹੀਂ ਰਹਿ ਜਾਂਦੀ),
17755	387	ਨਾਨਕ ਗੁਰ ਤੇ ਪਾਈ ਬੁਧਿ॥੪॥੧੪॥੬੫॥		Naanak Gur Thae Paaee Budhh ||4||14||65||	O Nanak, I have obtained understanding from the Guru. ||4||14||65||	ਹੇ ਨਾਨਕ! ਜਿਸ ਨੇ ਗੁਰੂ ਪਾਸੋਂ (ਸਹੀ ਆਤਮਕ ਜੀਵਨ ਦੀ) ਸੂਝ ਪ੍ਰਾਪਤ ਕਰ ਲਈ ॥੪॥੧੪॥੬੫॥
17756	387	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17757	387	ਮਿਟੀ ਤਿਆਸ ਅਗਿਆਨ ਅੰਧੇਰੇ॥	(ਤਿਆਸ) ਤ੍ਰਿਸ਼ਨਾ। ਮਿਟੀ: ਪੋਲਾ ਬੋਲੋ	Mittee Thiaas Agiaan Andhhaerae ||	My thirst, and the darkness of ignorance have been removed.	(ਹੇ ਭਾਈ! ਜੇਹੜੇ ਮਨੁੱਖ ਹਰਿ-ਨਾਮ ਸੁਣਦੇ ਹਨ ਉਹਨਾਂ ਦੇ ਅੰਦਰੋਂ ਪਹਿਲੇ) ਅਗਿਆਨਤਾ ਦੇ ਹਨੇਰੇ ਕਾਰਨ ਪੈਦਾ ਹੋਈ ਮਾਇਆ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ।
17758	387	ਸਾਧ ਸੇਵਾ ਅਘ ਕਟੇ ਘਨੇਰੇ॥੧॥	(ਅਘ) ਪਾਪ। (ਘਨੇਰੇ) ਬਹੁਤ। ਕੱਟੇ	Saadhh Saevaa Agh Kattae Ghanaerae ||1||	Serving the Holy Saints, countless sins are obliterated. ||1||	ਗੁਰੂ ਦੀ (ਦੱਸੀ) ਸੇਵਾ ਦੇ ਕਾਰਨ ਉਹਨਾਂ ਦੇ ਅਨੇਕਾਂ ਹੀ ਪਾਪ ਕੱਟੇ ਜਾਂਦੇ ਹਨ ॥੧॥

17759	387	ਸੂਖ ਸਹਜ ਆਨੰਦੁ ਘਨਾ॥		Sookh Sehaj Aanandh Ghanaa ||	I have obtained celestial peace and immense joy.	(ਹੇ ਭਾਈ! ਉਹਨਾਂ ਮਨੁੱਖਾਂ ਨੂੰ ਬੜਾ ਸੁਖ ਅਨੰਦ ਪ੍ਰਾਪਤ ਹੁੰਦਾ ਹੈ (ਉਹਨਾਂ ਦੇ ਅੰਦਰ) ਆਤਮਕ ਅਡੋਲਤਾ ਬਣੀ ਰਹਿੰਦੀ ਹੈ,
17760	387	ਗੁਰ ਸੇਵਾ ਤੇ ਭਏ ਮਨ ਨਿਰਮਲ ਹਰਿ ਹਰਿ ਹਰਿ ਹਰਿ ਨਾਮੁ ਸੁਨਾ॥੧॥ਰਹਾਉ॥		Gur Saevaa Thae Bheae Man Niramal Har Har Har Har Naam Sunaa ||1|| Rehaao ||	Serving the Guru, my mind has become immaculately pure, and I have heard the Name of the Lord, Har, Har, Har, Har. ||1||Pause||	ਗੁਰੂ ਦੀ ਦੱਸੀ (ਇਸ) ਸੇਵਾ ਦੀ ਬਰਕਤਿ ਨਾਲ ਉਹਨਾਂ ਦੇ ਮਨ ਪਵਿਤ੍ਰ ਹੋ ਜਾਂਦੇ ਹਨ, (ਜੇਹੜੇ ਮਨੁੱਖ) ਸਦਾ ਪਰਮਾਤਮਾ ਦਾ ਨਾਮ ਸੁਣਦੇ ਰਹਿੰਦੇ ਹਨ (ਸਿਫ਼ਤਿ-ਸਾਲਾਹ ਕਰਦੇ ਸੁਣਦੇ ਰਹਿੰਦੇ ਹਨ) ॥੧॥ ਰਹਾਉ ॥
17761	387	ਬਿਨਸਿਓ ਮਨ ਕਾ ਮੂਰਖੁ ਢੀਠਾ॥	(ਢੀਠਾ) ਕਠੋਰ। (ਮੂਰਖੁ) ਮੂਰਖਪੁਣਾ	Binasiou Man Kaa Moorakh Dteethaa ||	The stubborn foolishness of my mind is gone;	(ਹੇ ਭਾਈ! ਹਰਿ-ਨਾਮ ਸੁਣਨ ਵਾਲਿਆਂ ਦੇ) ਮਨ ਦਾ ਮੂਰਖ-ਪੁਣਾ ਤੇ ਅਮੋੜ-ਪਨ ਨਾਸ ਹੋ ਜਾਂਦੇ ਹਨ।
17762	387	ਪ੍ਰਭ ਕਾ ਭਾਣਾ ਲਾਗਾ ਮੀਠਾ॥੨॥		Prabh Kaa Bhaanaa Laagaa Meethaa ||2||	God's Will has become sweet to me. ||2||	ਉਹਨਾਂ ਨੂੰ ਪਰਮਾਤਮਾ ਦੀ ਰਜ਼ਾ ਪਿਆਰੀ ਲੱਗਣ ਲੱਗ ਪੈਂਦੀ ਹੈ (ਫਿਰ ਉਹ ਉਸ ਰਜ਼ਾ ਦੇ ਅੱਗੇ ਅੜਦੇ ਨਹੀਂ, ਜਿਵੇਂ ਪਹਿਲਾਂ ਮੂਰਖਪੁਣੇ ਕਾਰਨ ਅੜਦੇ ਸਨ) ॥੨॥
17763	387	ਗੁਰ ਪੂਰੇ ਕੇ ਚਰਣ ਗਹੇ॥		Gur Poorae Kae Charan Gehae ||	I have grasped the Feet of the Perfect Guru,	(ਹੇ ਭਾਈ!) ਜਿਨ੍ਹਾਂ ਮਨੁੱਖਾਂ ਨੇ ਪੂਰੇ ਗੁਰੂ ਦੇ ਚਰਨ ਫੜ ਲਏ ਹਨ,

17764	387	ਕੋਟਿ ਜਨਮ ਕੇ ਪਾਪ ਲਹੇ॥੩॥		Kott Janam Kae Paap Lehae ||3||	And the sins of countless incarnations have been washed away. ||3||	ਉਹਨਾਂ ਦੇ (ਪਿਛਲੇ) ਕ੍ਰੋੜਾਂ ਜਨਮਾਂ ਦੇ ਕੀਤੇ ਪਾਪ ਲਹਿ ਜਾਂਦੇ ਹਨ ॥੩॥
17765	387	ਰਤਨ ਜਨਮੁ ਇਹੁ ਸਫਲ ਭਇਆ॥		Rathan Janam Eihu Safal Bhaeiaa ||	The jewel of this life has become fruitful.	ਉਹਨਾਂ ਮਨੁੱਖਾਂ ਦਾ ਇਹ ਕੀਮਤੀ ਮਨੁੱਖਾ ਜਨਮ ਕਾਮਯਾਬ ਹੋ ਜਾਂਦਾ ਹੈ,
17766	387	ਕਹੁ ਨਾਨਕ ਪ੍ਰਭ ਕਰੀ ਮਇਆ॥੪॥੧੫॥੬੬॥	(ਮਇਆ) ਦਇਆ	Kahu Naanak Prabh Karee Maeiaa ||4||15||66||	Says Nanak, God has shown mercy to me. ||4||15||66||	ਨਾਨਕ ਆਖਦਾ ਹੈ- (ਜਿਨ੍ਹਾਂ ਉਤੇ) ਪਰਮਾਤਮਾ ਨੇ (ਆਪਣੇ ਨਾਮ ਦੀ ਦਾਤਿ ਦੀ) ਮੇਹਰ ਕੀਤੀ ॥੪॥੧੫॥੬੬॥
17767	387	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17768	387	ਸਤਿਗੁਰੁ ਅਪਨਾ ਸਦ ਸਦਾ ਸਮ੍ਹਾਰੇ॥		Sathigur Apanaa Sadh Sadhaa Samhaarae ||	I contemplate, forever and ever, the True Guru;	ਹੇ ਮਨ! ਆਪਣੇ ਸਤਿਗੁਰੂ ਨੂੰ ਸਦਾ ਹੀ (ਆਪਣੇ ਅੰਦਰ) ਸਾਂਭ ਰੱਖ।
17769	387	ਗੁਰ ਕੇ ਚਰਨ ਕੇਸ ਸੰਗਿ ਝਾਰੇ॥੧॥		Gur Kae Charan Kaes Sang Jhaarae ||1||	With my hair, I dust the feet of the Guru. ||1||	(ਹੇ ਭਾਈ!) ਗੁਰੂ ਦੇ ਚਰਨਾਂ ਨੂੰ ਆਪਣੇ ਕੇਸਾਂ ਨਾਲ ਝਾੜਿਆ ਕਰ (ਗੁਰੂ-ਦਰ ਤੇ ਨਿਮ੍ਰਤਾ ਨਾਲ ਪਿਆ ਰਹੁ) ॥੧॥
17770	387	ਜਾਗੁ ਰੇ ਮਨ ਜਾਗਨਹਾਰੇ॥		Jaag Rae Man Jaaganehaarae ||	Be wakeful, O my awakening mind!	ਹੇ ਜਾਗਣ ਜੋਗੇ ਮਨ! (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਸੁਚੇਤ ਹੋਹੁ।

17771	387	ਬਿਨੁ ਹਰਿ ਅਵਰੁ ਨ ਆਵਸਿ ਕਾਮਾ ਝੂਠਾ ਮੋਹੁ ਮਿਥਿਆ ਪਸਾਰੇ॥੧॥ਰਹਾਉ॥	ਮਿਥਿਆ:ਪੋਲਾ ਬੋਲੋ। (ਮਿਥਿਆ) ਨਾਸਵੰਤ	Bin Har Avar N Aavas Kaamaa Jhoothaa Mohu Mithhiaa Pasaarae ||1|| Rehaao ||	Without the Lord, nothing else shall be of use to you; false is emotional attachment, and useless are worldly entanglements. ||1||Pause||	ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ (ਪਦਾਰਥ) ਤੇਰੇ ਕੰਮ ਨਹੀਂ ਆਵੇਗਾ, (ਪਰਵਾਰ ਦਾ) ਮੋਹ ਤੇ (ਮਾਇਆ ਦਾ) ਖਿਲਾਰਾ ਇਹ ਕੋਈ ਭੀ ਸਾਥ ਨਿਬਾਹੁਣ ਵਾਲੇ ਨਹੀਂ ਹਨ ॥੧॥ ਰਹਾਉ ॥
17772	387	ਗੁਰ ਕੀ ਬਾਣੀ ਸਿਉ ਰੰਗੁ ਲਾਇ॥		Gur Kee Baanee Sio Rang Laae ||	Embrace love for the Word of the Guru's Bani.	(ਹੇ ਭਾਈ!) ਸਤਿਗੁਰੂ ਦੀ ਬਾਣੀ ਨਾਲ ਪਿਆਰ ਜੋੜ।
17773	387	ਗੁਰੁ ਕਿਰਪਾਲੁ ਹੋਇ ਦੁਖੁ ਜਾਇ॥੨॥		Gur Kirapaal Hoe Dhukh Jaae ||2||	When the Guru shows His Mercy, pain is destroyed. ||2||	ਜਿਸ ਮਨੁੱਖ ਉਤੇ ਗੁਰੂ ਦਇਆਵਾਨ ਹੁੰਦਾ ਹੈ ਉਸ ਦਾ ਹਰੇਕ ਦੁੱਖ ਦੂਰ ਹੋ ਜਾਂਦਾ ਹੈ ॥੨॥
17774	387	ਗੁਰ ਬਿਨੁ ਦੂਜਾ ਨਾਹੀ ਥਾਉ॥		Gur Bin Dhoojaa Naahee Thhaao ||	Without the Guru, there is no other place of rest.	(ਹੇ ਭਾਈ!) ਗੁਰੂ ਤੋਂ ਬਿਨਾ ਹੋਰ ਕੋਈ ਥਾਂ ਨਹੀਂ (ਜਿਥੇ ਮਾਇਆ ਦੇ ਮੋਹ ਦੀ ਨੀਂਦ ਵਿਚ ਸੁੱਤੇ ਮਨ ਨੂੰ ਜਗਾਇਆ ਜਾ ਸਕੇ)।
17775	387	ਗੁਰੁ ਦਾਤਾ ਗੁਰੁ ਦੇਵੈ ਨਾਉ॥੩॥		Gur Dhaathaa Gur Dhaevai Naao ||3||	The Guru is the Giver, the Guru gives the Name. ||3||	ਗੁਰੂ (ਪਰਮਾਤਮਾ ਦਾ) ਨਾਮ ਬਖ਼ਸ਼ਦਾ ਹੈ, ਗੁਰੂ ਨਾਮ ਦੀ ਦਾਤਿ ਦੇਣ-ਜੋਗਾ ਹੈ (ਨਾਮ ਦੀ ਦਾਤਿ ਦੇ ਕੇ ਸੁੱਤੇ ਮਨ ਨੂੰ ਜਗਾ ਦੇਂਦਾ ਹੈ) ॥੩॥

17776	387	ਗੁਰੁ ਪਾਰਬ੍ਰਹਮੁ ਪਰਮੇਸਰੁ ਆਪਿ॥		Gur Paarabreham Paramaesar Aap ||	The Guru is the Supreme Lord God; He Himself is the Transcendent Lord.	(ਹੇ ਭਾਈ!) ਗੁਰੂ ਪਾਰਬ੍ਰਹਮ (ਦਾ ਰੂਪ) ਹੈ ਗੁਰੂ ਪਰਮੇਸਰ (ਦਾ ਰੂਪ) ਹੈ।
17777	387	ਆਠ ਪਹਰ ਨਾਨਕ ਗੁਰ ਜਾਪਿ॥੪॥੧੬॥੬੭॥		Aath Pehar Naanak Gur Jaap ||4||16||67||	Twenty-four hours a day, O Nanak, meditate on the Guru. ||4||16||67||	ਹੇ ਨਾਨਕ! (ਆਖ-) ਅੱਠੇ ਪਹਰ (ਹਰ ਵੇਲੇ) ਗੁਰੂ ਨੂੰ ਚੇਤੇ ਰੱਖ ॥੪॥੧੬॥੬੭॥
17778	387	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17779	387	ਆਪੇ ਪੇਡੁ ਬਿਸਥਾਰੀ ਸਾਖ॥	(ਸਾਖ) ਟਾਹਣੀਆਂ ਰੂਪੀ ਸੰਸਾਰ	Aapae Paedd Bisathhaaree Saakh ||	He Himself is the tree, and the branches extending out.	(ਹੇ ਭਾਈ! ਇਹ ਜਗਤ, ਮਾਨੋ ਇਕ ਵੱਡੇ ਖਿਲਾਰ ਵਾਲਾ ਰੁੱਖ ਹੈ) ਪਰਮਾਤਮਾ ਆਪ ਹੀ (ਇਸ ਜਗਤ-ਰੁੱਖ ਨੂੰ ਸਹਾਰਾ ਦੇਣ ਵਾਲਾ) ਵੱਡਾ ਤਨਾ ਹੈ (ਜਗਤ-ਪਸਾਰਾ ਉਸ ਰੁੱਖ ਦੀਆਂ) ਸ਼ਾਖ਼ਾਂ ਦਾ ਖਿਲਾਰ ਖਿਲਰਿਆ ਹੋਇਆ ਹੈ।
17780	387	ਅਪਨੀ ਖੇਤੀ ਆਪੇ ਰਾਖ॥੧॥		Apanee Khaethee Aapae Raakh ||1||	He Himself preserves His own crop. ||1||	(ਹੇ ਭਾਈ! ਇਹ ਜਗਤ) ਪਰਮਾਤਮਾ ਦਾ (ਬੀਜਿਆ ਹੋਇਆ) ਫ਼ਸਲ ਹੈ, ਆਪ ਹੀ ਇਸ ਫ਼ਸਲ ਦਾ ਉਹ ਰਾਖਾ ਹੈ ॥੧॥
17781	387	ਜਤ ਕਤ ਪੇਖਉ ਏਕੈ ਓਹੀ॥		Jath Kath Paekho Eaekai Ouhee ||	Wherever I look, I see that One Lord alone.	(ਹੇ ਭਾਈ!) ਮੈਂ ਜਿਧਰ ਕਿਧਰ ਵੇਖਦਾ ਹਾਂ ਮੈਨੂੰ ਇਕ ਪਰਮਾਤਮਾ ਹੀ ਦਿੱਸਦਾ ਹੈ,

17782	387	ਘਟ ਘਟ ਅੰਤਰਿ ਆਪੇ ਸੋਈ॥੧॥ਰਹਾਉ॥		Ghatt Ghatt Anthar Aapae Soee ||1|| Rehaao ||	Deep within each and every heart, He Himself is contained. ||1||Pause||	ਉਹ ਪਰਮਾਤਮਾ ਆਪ ਹੀ ਹਰੇਕ ਸਰੀਰ ਵਿਚ ਵੱਸ ਰਿਹਾ ਹੈ ॥੧॥ ਰਹਾਉ ॥
17783	387	ਆਪੇ ਸੂਰੁ ਕਿਰਣਿ ਬਿਸਥਾਰੁ॥		Aapae Soor Kiran Bisathhaar ||	He Himself is the sun, and the rays emanating from it.	(ਹੇ ਭਾਈ!) ਪਰਮਾਤਮਾ ਆਪ ਹੀ ਸੂਰਜ ਹੈ (ਤੇ ਇਹ ਜਗਤ, ਮਾਨੋ, ਉਸ ਦੀਆਂ) ਕਿਰਨਾਂ ਦਾ ਖਲਾਰਾ ਹੈ,
17784	387	ਸੋਈ ਗੁਪਤੁ ਸੋਈ ਆਕਾਰੁ॥੨॥		Soee Gupath Soee Aakaar ||2||	He is concealed, and He is revealed. ||2||	ਉਹ ਆਪ ਹੀ ਅਦ੍ਰਿਸ਼ਟ (ਰੂਪ ਵਿਚ) ਹੈ ਤੇ ਆਪ ਹੀ ਇਹ ਦਿੱਸਦਾ ਪਸਾਰਾ ਹੈ ॥੨॥
17785	387	ਸਰਗੁਣ ਨਿਰਗੁਣ ਥਾਪੈ ਨਾਉ॥		Saragun Niragun Thhaapai Naao ||	He is said to be of the highest attributes, and without attributes.	(ਹੇ ਭਾਈ! ਆਪਣੇ ਅਦ੍ਰਿਸ਼ਟ ਤੇ ਦ੍ਰਿਸ਼ਟਮਾਨ ਰੂਪਾਂ ਦਾ) ਨਿਰਗੁਣ ਤੇ ਸਰਗੁਣ ਨਾਮ ਉਹ ਪ੍ਰਭੂ ਆਪ ਹੀ ਥਾਪਦਾ ਹੈ।
17786	387	ਦੁਹ ਮਿਲਿ ਏਕੈ ਕੀਨੋ ਠਾਉ॥੩॥		Dhuh Mil Eaekai Keeno Thaao ||3||	Both converge onto His single point. ||3||	(ਦੋਹਾਂ ਵਿਚ ਫ਼ਰਕ ਨਾਮ-ਮਾਤ੍ਰ ਹੀ ਹੈ, ਕਹਿਣ ਨੂੰ ਹੀ ਹੈ), ਇਹਨਾਂ ਦੋਹਾਂ (ਰੂਪਾਂ) ਨੇ ਮਿਲ ਕੇ ਇਕ ਪਰਮਾਤਮਾ ਵਿਚ ਹੀ ਟਿਕਾਣਾ ਬਣਾਇਆ ਹੋਇਆ ਹੈ (ਇਹਨਾਂ ਦੋਹਾਂ ਦਾ ਟਿਕਾਣਾ ਪਰਮਾਤਮਾ ਆਪ ਹੀ ਹੈ) ॥੩॥
17787	387	ਕਹੁ ਨਾਨਕ ਗੁਰਿ ਭ੍ਰਮੁ ਭਉ ਖੋਇਆ॥		Kahu Naanak Gur Bhram Bho Khoeiaa ||	Says Nanak, the Guru has dispelled my doubt and fear.	ਨਾਨਕ ਆਖਦਾ ਹੈ- ਗੁਰੂ ਨੇ (ਜਿਸ ਮਨੁੱਖ ਦੇ ਅੰਦਰੋਂ ਮਾਇਆ ਵਾਲੀ) ਭਟਕਣਾ ਤੇ ਡਰ ਦੂਰ ਕਰ ਦਿੱਤਾ,

17788	387	ਅਨਦ ਰੂਪੁ ਸਭੁ ਨੈਨ ਅਲੋਇਆ॥੪॥੧੭॥੬੮॥	(ਅਲੋਇਆ) ਦੇਖਿਆ। ਅਨਦ	Anadh Roop Sabh Nain Aloeiaa ||4||17||68||	With my eyes, I perceive the Lord, the embodiment of bliss, to be everywhere. ||4||17||68||	ਉਸ ਨੇ ਹਰ ਥਾਂ ਉਸ ਪਰਮਾਤਮਾ ਨੂੰ ਆਪਣੀ ਅੱਖੀਂ ਵੇਖ ਲਿਆ ਜੋ ਸਦਾ ਹੀ ਆਨੰਦ ਵਿਚ ਰਹਿੰਦਾ ਹੈ ॥੪॥੧੭॥੬੮॥
17789	387	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17790	387	ਉਕਤਿ ਸਿਆਨਪ ਕਿਛੂ ਨ ਜਾਨਾ॥		Oukath Siaanap Kishhoo N Jaanaa ||	I know nothing of arguments or cleverness.	ਹੇ ਪ੍ਰਭੂ! ਮੈਂ ਕੋਈ ਦਲੀਲ (ਦੇਣੀ) ਨਹੀਂ ਜਾਣਦਾ ਮੈਂ ਕੋਈ ਸਿਆਣਪ (ਦੀ ਗੱਲ ਕਰਨੀ) ਨਹੀਂ ਜਾਣਦਾ,
17791	388	ਦਿਨੁ ਰੈਣਿ ਤੇਰਾ ਨਾਮੁ ਵਖਾਨਾ॥੧॥	(ਵਖਾਨਾ) ਉਚਾਰਦਾ	Dhin Rain Thaeraa Naam Vakhaanaa ||1||	Day and night, I chant Your Name. ||1||	(ਜਿਸ ਨਾਲ ਮੈਂ ਤੈਨੂੰ ਖ਼ੁਸ਼ ਕਰ ਸਕਾਂ, ਪਰ ਤੇਰੀ ਹੀ ਮੇਹਰ ਨਾਲ) ਮੈਂ ਦਿਨ ਰਾਤ ਤੇਰਾ (ਹੀ) ਨਾਮ ਉਚਾਰਦਾ ਹਾਂ ॥੧॥
17792	388	ਮੈ ਨਿਰਗੁਨ ਗੁਣੁ ਨਾਹੀ ਕੋਇ॥		Mai Niragun Gun Naahee Koe ||	I am worthless; I have no virtue at all.	ਹੇ ਪ੍ਰਭੂ! ਮੈਂ ਗੁਣ-ਹੀਣ ਹਾਂ, ਮੇਰੇ ਵਿਚ ਕੋਈ ਗੁਣ ਨਹੀਂ (ਜਿਸ ਦੇ ਆਸਰੇ ਮੈਂ ਤੈਨੂੰ ਪ੍ਰਸੰਨ ਕਰਨ ਦੀ ਆਸ ਕਰ ਸਕਾਂ, ਪਰ)

17793	388	ਕਰਨ ਕਰਾਵਨਹਾਰ ਪ੍ਰਭ ਸੋਇ॥੧॥ਰਹਾਉ॥		Karan Karaavanehaar Prabh Soe ||1|| Rehaao ||	God is the Creator, the Cause of all causes. ||1||Pause||	ਹੇ ਪ੍ਰਭੂ ਉਹ ਤੂੰ ਹੀ ਹੈਂ ਜੋ (ਸਭ ਜੀਵਾਂ ਵਿਚ ਵਿਆਪਕ ਹੋ ਕੇ ਆਪ ਹੀ) ਸਭ ਕੁਝ ਕਰਨ ਦੀ ਤਾਕਤ ਰੱਖਦਾ ਹੈਂ ਤੇ (ਸਭ ਜੀਵਾਂ ਨੂੰ ਪ੍ਰੇਰ ਕੇ ਉਹਨਾਂ ਪਾਸੋਂ) ਕਰਾਣ ਦੀ ਸਮਰੱਥਾ ਵਾਲਾ ਹੈਂ (ਮੈਨੂੰ ਭੀ ਆਪ ਹੀ ਆਪਣੇ ਚਰਨਾਂ ਵਿਚ ਜੋੜੀ ਰੱਖ) ॥੧॥ ਰਹਾਉ ॥
17794	388	ਮੂਰਖ ਮੁਗਧ ਅਗਿਆਨ ਅਵੀਚਾਰੀ॥	(ਮੂਰਖ)ਮੂਰਖਾਂ ਸਿਰਿ (ਮੁਗਧ)ਮੂਰਖ। ਗੁਰਬਾਣੀ ਜੀ ਦੇ ਅਰਥ ਅਤੇ ਸ਼ੁੱਧ ਉਚਾਰਣ ਦੇ (ਅਗਿਆਨ)ਗਿਆਨ ਤੋਂ ਰਹਿਤ। (ਅ-ਵੀਚਾਰੀ) ਬ੍ਰਹਮ ਵੀਚਾਰ ਰਹਿਤ	Moorakh Mugadhh Agiaan Aveechaaree ||	I am foolish, stupid, ignorant and thoughtless;	ਹੇ ਪ੍ਰਭੂ! ਮੈਂ ਮੂਰਖ ਹਾਂ, ਮੈਂ ਮਤਿ-ਹੀਣ ਹਾਂ, ਮੈਂ ਗਿਆਨ-ਹੀਣ ਹਾਂ, ਮੈਂ ਬੇ-ਸਮਝ ਹਾਂ (ਪਰ ਤੂੰ ਆਪਣੇ ਬਿਰਦ ਦੀ ਲਾਜ ਰੱਖਣ ਵਾਲਾ ਹੈਂ),
17795	388	ਨਾਮ ਤੇਰੇ ਕੀ ਆਸ ਮਨਿ ਧਾਰੀ॥੨॥		Naam Thaerae Kee Aas Man Dhhaaree ||2||	Your Name is my mind's only hope. ||2||	ਮੈਂ ਤੇਰੇ (ਬਿਰਦ-ਪਾਲ) ਨਾਮ ਦੀ ਆਸ ਮਨ ਵਿਚ ਰੱਖੀ ਹੋਈ ਹੈ (ਕਿ ਤੂੰ ਸਰਨ-ਆਏ ਦੀ ਲਾਜ ਰੱਖੇਂਗਾ) ॥੨॥
17796	388	ਜਪੁ ਤਪੁ ਸੰਜਮੁ ਕਰਮ ਨ ਸਾਧਾ॥	ਸੱਧ੍ਰਾ	Jap Thap Sanjam Karam N Saadhhaa ||	I have not practiced chanting, deep meditation, self-discipline or good actions;	ਹੇ ਭਾਈ! ਮੈਂ ਕੋਈ ਜਪ ਨਹੀਂ ਕੀਤਾ, ਮੈਂ ਕੋਈ ਤਪ ਨਹੀਂ ਕੀਤਾ, ਮੈਂ ਕੋਈ ਸੰਜਮ ਨਹੀਂ ਸਾਧਿਆ (ਮੈਨੂੰ ਕਿਸੇ ਜਪ ਤਪ ਸੰਜਮ ਦਾ ਸਹਾਰਾ ਨਹੀਂ, ਮਾਣ ਨਹੀਂ)

17797	388	ਨਾਮੁ ਪ੍ਰਭੂ ਕਾ ਮਨਹਿ ਅਰਾਧਾ॥੩॥		Naam Prabhoo Kaa Manehi Araadhhaa ||3||	But within my mind, I have worshipped God's Name. ||3||	ਮੈਂ ਤਾਂ ਪਰਮਾਤਮਾ ਦਾ ਨਾਮ ਹੀ ਆਪਣੇ ਮਨ ਵਿਚ ਯਾਦ ਕਰਦਾ ਰਹਿੰਦਾ ਹਾਂ ॥੩॥
17798	388	ਕਿਛੂ ਨ ਜਾਨਾ ਮਤਿ ਮੇਰੀ ਥੋਰੀ॥		Kishhoo N Jaanaa Math Maeree Thhoree ||	I know nothing, and my intellect is inadequate.	ਹੇ ਪ੍ਰਭੂ! (ਕੋਈ ਉਕਤਿ, ਕੋਈ ਸਿਆਣਪ, ਕੋਈ ਜਪ, ਕੋਈ ਤਪ, ਕੋਈ ਸੰਜਮ) ਕੁਝ ਭੀ ਕਰਨਾ ਨਹੀਂ ਜਾਣਦਾ, ਮੇਰੀ ਅਕਲ ਬਹੁਤ ਮਾੜੀ ਜਿਹੀ ਹੈ।
17799	388	ਬਿਨਵਤਿ ਨਾਨਕ ਓਟ ਪ੍ਰਭ ਤੋਰੀ॥੪॥੧੮॥੬੯॥	ਬਿਨ-ਵਤਿ	Binavath Naanak Outt Prabh Thoree ||4||18||69||	Prays Nanak, O God, You are my only Support. ||4||18||69||	ਨਾਨਕ ਬੇਨਤੀ ਕਰਦਾ ਹੈ- ਮੈਂ ਸਿਰਫ਼ ਤੇਰਾ ਹੀ ਆਸਰਾ ਲਿਆ ਹੈ ॥੪॥੧੮॥੬੯॥
17800	388	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17801	388	ਹਰਿ ਹਰਿ ਅਖਰ ਦੁਇ ਇਹ ਮਾਲਾ॥	ਮਾਲ਼ਾ	Har Har Akhar Dhue Eih Maalaa ||	These two words, Har, Har, make up my maalaa.	(ਹੇ ਭਾਈ! ਮੇਰੇ ਪਾਸ ਤਾਂ) 'ਹਰਿ ਹਰਿ'-ਇਹ ਦੋ ਲਫ਼ਜ਼ਾਂ ਦੀ ਮਾਲਾ ਹੈ,
17802	388	ਜਪਤ ਜਪਤ ਭਏ ਦੀਨ ਦਇਆਲਾ॥੧॥		Japath Japath Bheae Dheen Dhaeiaalaa ||1||	Continually chanting and reciting this rosary, God has become merciful to me, His humble servant. ||1||	ਇਸ ਹਰਿ-ਨਾਮ-ਮਾਲਾ ਨੂੰ ਜਪਦਿਆਂ ਜਪਦਿਆਂ ਕੰਗਾਲਾਂ ਉੱਤੇ ਭੀ ਪਰਮਾਤਮਾ ਦਇਆਵਾਨ ਹੋ ਜਾਂਦਾ ਹੈ ॥੧॥
17803	388	ਕਰਉ ਬੇਨਤੀ ਸਤਿਗੁਰ ਅਪੁਨੀ॥		Karo Baenathee Sathigur Apunee ||	I offer my prayer to the True Guru.	ਹੇ ਸਤਿਗੁਰੂ! ਮੈਂ ਤੇਰੇ ਅੱਗੇ ਆਪਣੀ ਇਹ ਅਰਜ਼ ਕਰਦਾ ਹਾਂ,

17804	388	ਕਰਿ ਕਿਰਪਾ ਰਾਖਹੁ ਸਰਣਾਈ ਮੋਕਉ ਦੇਹੁ ਹਰੇ ਹਰਿ ਜਪਨੀ॥੧॥ਰਹਾਉ॥		Kar Kirapaa Raakhahu Saranaaee Mo Ko Dhaehu Harae Har Japanee ||1|| Rehaao ||	Shower Your Mercy upon me, and keep me safe in Your Sanctuary; please, give me the maalaa, the rosary of Har, Har. ||1||Pause||	ਕਿ ਕਿਰਪਾ ਕਰ ਕੇ ਮੈਨੂੰ ਆਪਣੀ ਸਰਨ ਵਿਚ ਰੱਖ ਤੇ ਮੈਨੂੰ 'ਹਰਿ ਹਰਿ' ਨਾਮ ਦੀ ਮਾਲਾ ਦੇਹ ॥੧॥ ਰਹਾਉ ॥
17805	388	ਹਰਿ ਮਾਲਾ ਉਰ ਅੰਤਰਿ ਧਾਰੈ॥		Har Maalaa Our Anthar Dhhaarai ||	One who enshrines this rosary of the Lord's Name within his heart,	ਜੇਹੜਾ ਮਨੁੱਖ ਹਰਿ-ਨਾਮ ਦੀ ਮਾਲਾ ਆਪਣੇ ਹਿਰਦੇ ਵਿਚ ਟਿਕਾ ਕੇ ਰੱਖਦਾ ਹੈ,
17806	388	ਜਨਮ ਮਰਣ ਕਾ ਦੂਖੁ ਨਿਵਾਰੈ॥੨॥		Janam Maran Kaa Dhookh Nivaarai ||2||	Is freed of the pains of birth and death. ||2||	ਉਹ ਆਪਣੇ ਜਨਮ ਮਰਨ ਦੇ ਗੇੜ ਦਾ ਦੁੱਖ ਦੂਰ ਕਰ ਲੈਂਦਾ ਹੈ ॥੨॥
17807	388	ਹਿਰਦੈ ਸਮਾਲੈ ਮੁਖਿ ਹਰਿ ਹਰਿ ਬੋਲੈ॥		Hiradhai Samaalai Mukh Har Har Bolai ||	The humble being who contemplates the Lord within his heart, and chants the Lord's Name, Har, Har, with his mouth,	ਜੇਹੜਾ ਮਨੁੱਖ ਹਰਿ-ਨਾਮ ਨੂੰ ਆਪਣੇ ਹਿਰਦੇ ਵਿਚ ਸਾਂਭ ਕੇ ਰੱਖਦਾ ਹੈ ਤੇ ਮੂੰਹ ਨਾਲ ਹਰਿ-ਹਰਿ ਨਾਮ ਉਚਾਰਦਾ ਰਹਿੰਦਾ ਹੈ,
17808	388	ਸੋ ਜਨੁ ਇਤ ਉਤ ਕਤਹਿ ਨ ਡੋਲੈ॥੩॥		So Jan Eith Outh Kathehi N Ddolai ||3||	Never wavers, here or hereafter. ||3||	ਉਹ ਨਾਹ ਇਸ ਲੋਕ ਵਿਚ ਤੇ ਨਾਹ ਪਰਲੋਕ ਵਿਚ ਕਿਤੇ ਭੀ (ਕਿਸੇ ਗੱਲੇ ਭੀ) ਨਹੀਂ ਡੋਲਦਾ ॥੩॥
17809	388	ਕਹੁ ਨਾਨਕ ਜੋ ਰਾਚੈ ਨਾਇ॥		Kahu Naanak Jo Raachai Naae ||	Says Nanak, one who is imbued with the Name,	ਨਾਨਕ ਆਖਦਾ ਹੈ- ਜੇਹੜਾ ਮਨੁੱਖ ਪਰਮਾਤਮਾ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ,

17810	388	ਹਰਿ ਮਾਲਾ ਤਾ ਕੈ ਸੰਗਿ ਜਾਇ॥੪॥੧੯॥੭੦॥		Har Maalaa Thaa Kai Sang Jaae ||4||19||70||	Goes to the next world with the maalaa of the Lord's Name. ||4||19||70||	ਹਰਿ-ਨਾਮ ਦੀ ਮਾਲਾ ਉਸ ਦੇ ਨਾਲ (ਪਰਲੋਕ ਵਿਚ ਭੀ) ਜਾਂਦੀ ਹੈ ॥੪॥੧੯॥੭੦॥
17811	388	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17812	388	ਜਿਸ ਕਾ ਸਭੁ ਕਿਛੁ ਤਿਸ ਕਾ ਹੋਇ॥		Jis Kaa Sabh Kishh This Kaa Hoe ||	All things belong to Him - let yourself belong to Him as well.	(ਹੇ ਭਾਈ! ਜੇਹੜਾ ਮਨੁੱਖ) ਉਸ ਪਰਮਾਤਮਾ ਦਾ (ਸੇਵਕ) ਬਣਿਆ ਰਹਿੰਦਾ ਹੈ ਜਿਸ ਦਾ ਇਹ ਸਾਰਾ ਜਗਤ ਰਚਿਆ ਹੋਇਆ ਹੈ,
17813	388	ਤਿਸੁ ਜਨ ਲੇਪੁ ਨ ਬਿਆਪੈ ਕੋਇ॥੧॥		This Jan Laep N Biaapai Koe ||1||	No stain clings to such a humble being. ||1||	ਉਸ ਮਨੁੱਖ ਉਤੇ ਮਾਇਆ ਦਾ ਕਿਸੇ ਤਰ੍ਹਾਂ ਦਾ ਭੀ ਪ੍ਰਭਾਵ ਨਹੀਂ ਪੈ ਸਕਦਾ ॥੧॥
17814	388	ਹਰਿ ਕਾ ਸੇਵਕੁ ਸਦ ਹੀ ਮੁਕਤਾ॥		Har Kaa Saevak Sadh Hee Mukathaa ||	The Lord's servant is liberated forever.	(ਹੇ ਭਾਈ!) ਪਰਮਾਤਮਾ ਦਾ ਭਗਤ ਸਦਾ ਹੀ (ਮਾਇਆ ਦੇ ਮੋਹ ਦੇ ਬੰਧਨਾਂ ਤੋਂ) ਆਜ਼ਾਦ ਰਹਿੰਦਾ ਹੈ,
17815	388	ਜੋ ਕਿਛੁ ਕਰੈ ਸੋਈ ਭਲ ਜਨ ਕੈ ਅਤਿ ਨਿਰਮਲ ਦਾਸ ਕੀ ਜੁਗਤਾ॥੧॥ਰਹਾਉ॥	ਭਲ: ਪੋਲਾ ਬੋਲੋ	Jo Kishh Karai Soee Bhal Jan Kai Ath Niramal Dhaas Kee Jugathaa ||1|| Rehaao ||	Whatever He does, is pleasing to His servant; the way of life of His slave is immaculately pure. ||1||Pause||	ਪਰਮਾਤਮਾ ਜੋ ਕੁਝ ਕਰਦਾ ਹੈ ਸੇਵਕ ਨੂੰ ਉਹ ਸਦਾ ਭਲਾਈ ਹੀ ਭਲਾਈ ਪ੍ਰਤੀਤ ਹੁੰਦੀ ਹੈ, ਸੇਵਕ ਦੀ ਜੀਵਨ-ਰਹਿਤ ਬਹੁਤ ਹੀ ਪਵਿਤ੍ਰ ਹੁੰਦੀ ਹੈ ॥੧॥ ਰਹਾਉ ॥

17816	388	ਸਗਲ ਤਿਆਗਿ ਹਰਿ ਸਰਣੀ ਆਇਆ॥		Sagal Thiaag Har Saranee Aaeiaa ||	One who renounces everything, and enters the Lord's Sanctuary	(ਹੇ ਭਾਈ! ਜੇਹੜਾ ਮਨੁੱਖ ਹੋਰ) ਸਾਰੇ (ਆਸਰੇ) ਛੱਡ ਕੇ ਪਰਮਾਤਮਾ ਦੀ ਸਰਨ ਆ ਪੈਂਦਾ ਹੈ,
17817	388	ਤਿਸੁ ਜਨ ਕਹਾ ਬਿਆਪੈ ਮਾਇਆ॥੨॥		This Jan Kehaa Biaapai Maaeiaa ||2||	- how can Maya cling to him? ||2||	ਮਾਇਆ ਉਸ ਮਨੁੱਖ ਉਤੇ ਕਦੇ ਭੀ ਆਪਣਾ ਪ੍ਰਭਾਵ ਨਹੀਂ ਪਾ ਸਕਦੀ ॥੨॥
17818	388	ਨਾਮੁ ਨਿਧਾਨੁ ਜਾ ਕੇ ਮਨ ਮਾਹਿ॥		Naam Nidhhaan Jaa Kae Man Maahi ||	With the treasure of the Naam, the Name of the Lord, in his mind,	(ਹੇ ਭਾਈ!) ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦਾ ਨਾਮ-ਖ਼ਜ਼ਾਨਾ ਟਿਕਿਆ ਰਹਿੰਦਾ ਹੈ,
17819	388	ਤਿਸ ਕਉ ਚਿੰਤਾ ਸੁਪਨੈ ਨਾਹਿ॥੩॥		This Ko Chinthaa Supanai Naahi ||3||	He suffers no anxiety, even in dreams. ||3||	ਉਸ ਨੂੰ ਕਦੇ ਭੀ ਕੋਈ ਚਿੰਤਾ ਪੋਹ ਨਹੀਂ ਸਕਦੀ ॥੩॥
17820	388	ਕਹੁ ਨਾਨਕ ਗੁਰੁ ਪੂਰਾ ਪਾਇਆ॥		Kahu Naanak Gur Pooraa Paaeiaa ||	Says Nanak, I have found the Perfect Guru.	ਨਾਨਕ ਆਖਦਾ ਹੈ- ਜੇਹੜਾ ਮਨੁੱਖ ਪੂਰਾ ਗੁਰੂ ਲੱਭ ਲੈਂਦਾ ਹੈ,
17821	388	ਭਰਮੁ ਮੋਹੁ ਸਗਲ ਬਿਨਸਾਇਆ॥੪॥੨੦॥੭੧॥		Bharam Mohu Sagal Binasaaeiaa ||4||20||71||	My doubts and attachments have been totally obliterated. ||4||20||71||	ਉਸ ਦੇ ਅੰਦਰੋਂ (ਮਾਇਆ ਦੀ ਖ਼ਾਤਰ) ਭਟਕਣਾ ਦੂਰ ਹੋ ਜਾਂਦੀ ਹੈ (ਉਸ ਦੇ ਮਨ ਵਿਚੋਂ ਮਾਇਆ ਦਾ) ਸਾਰਾ ਮੋਹ ਦੂਰ ਹੋ ਜਾਂਦਾ ਹੈ ॥੪॥੨੦॥੭੧॥
17822	388	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17823	388	ਜਉ ਸੁਪ੍ਰਸੰਨ ਹੋਇਓ ਪ੍ਰਭੁ ਮੇਰਾ॥	ਸੁਪ੍ਰਸੰਨ	Jo Suprasann Hoeiou Prabh Maeraa ||	When my God is totally pleased with me,	(ਹੇ ਭਾਈ!) ਜਦੋਂ ਮੇਰਾ ਪ੍ਰਭੂ (ਕਿਸੇ ਮਨੁੱਖ ਉਤੇ) ਬਹੁਤ ਪ੍ਰਸੰਨ ਹੁੰਦਾ ਹੈ,

17824	388	ਤਾਂ ਦੂਖੁ ਭਰਮੁ ਕਹੁ ਕੈਸੇ ਨੇਰਾ॥੧॥		Thaan Dhookh Bharam Kahu Kaisae Naeraa ||1||	Then, tell me, how can suffering or doubt draw near me? ||1||	ਤਦੋਂ ਦੱਸੋ, ਕੋਈ ਦੁਖ ਭਰਮ ਉਸ ਮਨੁੱਖ ਦੇ ਨੇੜੇ ਕਿਵੇਂ ਆ ਸਕਦਾ ਹੈ? ॥੧॥
17825	388	ਸੁਨਿ ਸੁਨਿ ਜੀਵਾ ਸੋਇ ਤੁਮ੍ਹਾਰੀ॥	(ਸੋਇ) ਸੋਭਾ	Sun Sun Jeevaa Soe Thumhaaree ||	Continually listening to Your Glory, I live.	(ਹੇ ਮੇਰੇ ਪ੍ਰਭੂ)! ਤੇਰੀ ਸੋਭਾ (-ਵਡਿਆਈ) ਸੁਣ ਸੁਣ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ।
17826	388	ਮੋਹਿ ਨਿਰਗੁਨ ਕਉ ਲੇਹੁ ਉਧਾਰੀ॥੧॥ਰਹਾਉ॥		Mohi Niragun Ko Laehu Oudhhaaree ||1|| Rehaao ||	I am worthless - save me, O Lord! ||1||Pause||	(ਹੇ ਮੇਰੇ ਪ੍ਰਭੂ! ਮੇਹਰ ਕਰ) ਮੈਨੂੰ ਗੁਣ-ਹੀਨ ਨੂੰ (ਦੁੱਖਾਂ-ਭਰਮਾਂ ਤੋਂ) ਬਚਾਈ ਰੱਖ ॥੧॥ ਰਹਾਉ ॥
17827	388	ਮਿਟਿ ਗਇਆ ਦੂਖੁ ਬਿਸਾਰੀ ਚਿੰਤਾ॥		Mitt Gaeiaa Dhookh Bisaaree Chinthaa ||	My suffering has been ended, and my anxiety is forgotten.	(ਹੇ ਭਾਈ! ਮੇਰੇ) ਅੰਦਰੋਂ ਹਰੇਕ ਕਿਸਮ ਦਾ ਦੁਖ ਦੂਰ ਹੋ ਗਿਆ ਹੈ, ਮੈਂ (ਹਰੇਕ ਕਿਸਮ ਦੀ) ਚਿੰਤਾ ਭੁਲਾ ਦਿੱਤੀ ਹੈ
17828	388	ਫਲੁ ਪਾਇਆ ਜਪਿ ਸਤਿਗੁਰ ਮੰਤਾ॥੨॥		Fal Paaeiaa Jap Sathigur Manthaa ||2||	I have obtained my reward, chanting the Mantra of the True Guru. ||2||	ਸਤਿਗੁਰੂ ਦੀ ਬਾਣੀ ਜਪ ਕੇ ਮੈਂ ਇਹ ਫਲ ਪ੍ਰਾਪਤ ਕਰ ਲਿਆ ਹੈ ॥੨॥
17829	388	ਸੋਈ ਸਤਿ ਸਤਿ ਹੈ ਸੋਇ॥		Soee Sath Sath Hai Soe ||	He is True, and True is His glory.	(ਹੇ ਭਾਈ!) ਉਹ ਪਰਮਾਤਮਾ ਹੀ ਸਦਾ ਕਾਇਮ ਰਹਿਣ ਵਾਲਾ ਹੈ ਉਹ ਪਰਮਾਤਮਾ ਹੀ ਸਦਾ-ਥਿਰ ਰਹਿਣ ਵਾਲਾ ਹੈ,

17830	388	ਸਿਮਰਿ ਸਿਮਰਿ ਰਖੁ ਕੰਠਿ ਪਰੋਇ॥੩॥		Simar Simar Rakh Kanth Paroe ||3||	Remembering, remembering Him in meditation, keep Him clasped to your heart. ||3||	ਉਸ ਨੂੰ ਸਦਾ ਸਿਮਰਦਾ ਰਹੁ ਉਸ (ਦੇ ਨਾਮ) ਨੂੰ ਆਪਣੇ ਗਲੇ ਵਿਚ ਪ੍ਰੋ ਕੇ ਰੱਖ (ਜਿਵੇਂ ਫੁੱਲਾਂ ਦਾ ਹਾਰ ਪ੍ਰੋ ਕੇ ਗਲ ਵਿਚ ਪਾਈਦਾ ਹੈ) ॥੩॥
17831	388	ਕਹੁ ਨਾਨਕ ਕਉਨ ਉਹ ਕਰਮਾ॥		Kahu Naanak Koun Ouh Karamaa ||	Says Nanak, what action is there left to do,	ਨਾਨਕ ਆਖਦਾ ਹੈ- (ਉਸ ਮਨੁੱਖ ਲਈ) ਹੋਰ ਉਹ ਕੇਹੜਾ (ਮਿਥਿਆ ਹੋਇਆ ਧਾਰਮਿਕ) ਕੰਮ (ਰਹਿ ਜਾਂਦਾ ਹੈ ਜੇਹੜਾ ਉਸ ਨੂੰ ਕਰਨਾ ਚਾਹੀਦਾ ਹੈ),
17832	388	ਜਾ ਕੈ ਮਨਿ ਵਸਿਆ ਹਰਿ ਨਾਮਾ॥੪॥੨੧॥੭੨॥		Jaa Kai Man Vasiaa Har Naamaa ||4||21||72||	By one whose mind is filled with the Lord's Name? ||4||21||72||	ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸੇ ॥੪॥੨੧॥੭੨॥
17833	388	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17834	388	ਕਾਮਿ ਕ੍ਰੋਧਿ ਅਹੰਕਾਰਿ ਵਿਗੂਤੇ॥	(ਵਿਗੂਤੇ) ਖੁਆਰ ਹੁੰਦੇ	Kaam Krodhh Ahankaar Vigoothae ||	Sexual desire, anger, and egotism lead to ruin.	(ਹੇ ਭਾਈ! ਮਾਇਆ-ਗ੍ਰਸੇ ਜੀਵ) ਕਾਮ ਵਿਚ, ਕ੍ਰੋਧ ਵਿਚ, ਅਹੰਕਾਰ ਵਿਚ (ਫਸ ਕੇ) ਖ਼ੁਆਰ ਹੁੰਦੇ ਰਹਿੰਦੇ ਹਨ।
17835	388	ਹਰਿ ਸਿਮਰਨੁ ਕਰਿ ਹਰਿ ਜਨ ਛੂਟੇ॥੧॥		Har Simaran Kar Har Jan Shhoottae ||1||	Meditating on the Lord, the Lord's humble servants are redeemed. ||1||	ਪਰਮਾਤਮਾ ਦੇ ਸੇਵਕ ਪਰਮਾਤਮਾ ਦੇ ਨਾਮ ਦਾ ਸਿਮਰਨ ਕਰ ਕੇ (ਕਾਮ ਕ੍ਰੋਧ ਅਹੰਕਾਰ ਆਦਿਕ ਤੋਂ) ਬਚੇ ਰਹਿੰਦੇ ਹਨ ॥੧॥

17836	388	ਸੋਇ ਰਹੇ ਮਾਇਆ ਮਦ ਮਾਤੇ॥	ਮਦ: ਪੋਲਾ ਬੋਲੋ	Soe Rehae Maaeiaa Madh Maathae ||	The mortals are asleep, intoxicated with the wine of Maya.	(ਹੇ ਭਾਈ! ਮਾਇਆ ਵੇੜ੍ਹੇ ਜੀਵ) ਮਾਇਆ ਦੇ ਨਸ਼ੇ ਵਿਚ ਮਸਤ ਹੋ ਕੇ (ਆਤਮਕ ਜੀਵਨ ਵਲੋਂ) ਸੁੱਤੇ ਰਹਿੰਦੇ ਹਨ (ਬੇ-ਪਰਵਾਹ ਟਿਕੇ ਰਹਿੰਦੇ ਹਨ)।
17837	388	ਜਾਗਤ ਭਗਤ ਸਿਮਰਤ ਹਰਿ ਰਾਤੇ॥੧॥ਰਹਾਉ॥		Jaagath Bhagath Simarath Har Raathae ||1|| Rehaao ||	The devotees remain awake, imbued with the Lord's meditation. ||1||Pause||	ਪਰ ਪਰਮਾਤਮਾ ਦੀ ਭਗਤੀ ਕਰਨ ਵਾਲੇ ਮਨੁੱਖ ਪ੍ਰਭੂ-ਨਾਮ ਦਾ ਸਿਮਰਨ ਕਰਦੇ ਹੋਏ (ਹਰਿ-ਨਾਮ-ਰੰਗ ਵਿਚ) ਰੰਗੀਜ ਕੇ (ਮਾਇਆ ਦੇ ਹੱਲਿਆਂ ਵੱਲੋਂ) ਸੁਚੇਤ ਰਹਿੰਦੇ ਹਨ ॥੧॥ ਰਹਾਉ ॥
17838	388	ਮੋਹ ਭਰਮਿ ਬਹੁ ਜੋਨਿ ਭਵਾਇਆ॥		Moh Bharam Bahu Jon Bhavaaeiaa ||	In emotional attachment and doubt, the mortals wander through countless incarnations.	(ਹੇ ਭਾਈ! ਮਾਇਆ ਦੇ) ਮੋਹ ਦੀ ਭਟਕਣਾ ਵਿਚ ਪੈ ਕੇ ਮਨੁੱਖ ਅਨੇਕਾਂ ਜੂਨਾਂ ਵਿਚ ਭਵਾਏ ਜਾਂਦੇ ਹਨ,
17839	388	ਅਸਥਿਰੁ ਭਗਤ ਹਰਿ ਚਰਣ ਧਿਆਇਆ॥੨॥		Asathhir Bhagath Har Charan Dhhiaaeiaa ||2||	The devotees remain ever-stable, meditating on the Lord's Lotus Feet. ||2||	ਪਰ ਭਗਤ ਜਨ ਪਰਮਾਤਮਾ ਦੇ ਚਰਨਾਂ ਦਾ ਧਿਆਨ ਧਰਦੇ ਹਨ ਉਹ (ਜਨਮ ਮਰਨ ਦੇ ਗੇੜ ਵਲੋਂ) ਅਡੋਲ ਰਹਿੰਦੇ ਹਨ ॥੨॥
17840	388	ਬੰਧਨ ਅੰਧ ਕੂਪ ਗ੍ਰਿਹ ਮੇਰਾ॥		Bandhhan Andhh Koop Grih Maeraa ||	Bound to household and possessions, the mortals are lost in the deep, dark pit.	(ਹੇ ਭਾਈ!) ਇਹ ਘਰ ਮੇਰਾ ਹੈ, ਇਹ ਘਰ ਮੇਰਾ ਹੈ-ਇਸ ਮੋਹ ਦੇ ਅੰਨ੍ਹੇ ਖੂਹ ਦੇ ਬੰਧਨਾਂ ਤੋਂ-

17841	388	ਮੁਕਤੇ ਸੰਤ ਬੁਝਹਿ ਹਰਿ ਨੇਰਾ॥੩॥	ਬੁੱਝਹਿ	Mukathae Santh Bujhehi Har Naeraa ||3||	The Saints are liberated, knowing the Lord to be near at hand. ||3||	ਉਹ ਸੰਤ ਜਨ ਆਜ਼ਾਦ ਰਹਿੰਦੇ ਹਨ ਜੇਹੜੇ ਪਰਮਾਤਮਾ ਨੂੰ (ਹਰ ਵੇਲੇ) ਆਪਣੇ ਨੇੜੇ ਵੱਸਦਾ ਸਮਝਦੇ ਹਨ ॥੩॥
17842	388	ਕਹੁ ਨਾਨਕ ਜੋ ਪ੍ਰਭ ਸਰਣਾਈ॥		Kahu Naanak Jo Prabh Saranaaee ||	Says Nanak, one who has taken to God's Sanctuary	ਨਾਨਕ ਆਖਦਾ ਹੈ- ਜੇਹੜਾ ਮਨੁੱਖ ਪਰਮਾਤਮਾ ਦੀ ਸਰਨ ਪਿਆ ਰਹਿੰਦਾ ਹੈ,
17843	388	ਈਹਾ ਸੁਖੁ ਆਗੈ ਗਤਿ ਪਾਈ॥੪॥੨੨॥੭੩॥		Eehaa Sukh Aagai Gath Paaee ||4||22||73||	Obtains peace in this world, and salvation in the world hereafter. ||4||22||73||	ਉਹ ਇਸ ਲੋਕ ਵਿਚ ਆਤਮਕ ਆਨੰਦ ਮਾਣਦਾ ਹੈ, ਪਰਲੋਕ ਵਿਚ ਭੀ ਉਹ ਉੱਚੀ ਆਤਮਕ ਅਵਸਥਾ ਹਾਸਲ ਕਰੀ ਰੱਖਦਾ ਹੈ ॥੪॥੨੨॥੭੩॥
17844	389	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17845	389	ਤੂ ਮੇਰਾ ਤਰੰਗੁ ਹਮ ਮੀਨ ਤੁਮਾਰੇ॥	(ਤਰੰਗੁ) ਪਾਣੀ। (ਮੀਨ) ਮੱਛੀ	Thoo Maeraa Tharang Ham Meen Thumaarae ||	You are my waves, and I am Your fish.	ਹੇ ਮਾਲਕ-ਪ੍ਰਭੂ! ਤੂੰ ਮੇਰਾ ਦਰੀਆ ਹੈਂ! ਮੈਂ ਤੇਰੀ ਮੱਛੀ ਹਾਂ (ਮੱਛੀ ਵਾਂਗ ਮੈਂ ਜਿਤਨਾ ਚਿਰ ਤੇਰੇ ਵਿਚ ਟਿਕਿਆ ਰਹਿੰਦਾ ਹਾਂ ਉਤਨਾ ਚਿਰ ਮੈਨੂੰ ਆਤਮਕ ਜੀਵਨ ਮਿਲਿਆ ਰਹਿੰਦਾ ਹੈ)।
17846	389	ਤੂ ਮੇਰਾ ਠਾਕੁਰੁ ਹਮ ਤੇਰੈ ਦੁਆਰੇ॥੧॥		Thoo Maeraa Thaakur Ham Thaerai Dhuaarae ||1||	You are my Lord and Master; I wait at Your Door. ||1||	ਹੇ ਪ੍ਰਭੂ! ਤੂੰ ਮੇਰਾ ਮਾਲਕ ਹੈਂ, ਮੈਂ ਤੇਰੇ ਦਰ ਤੇ (ਆ ਡਿੱਗਾ) ਹਾਂ ॥੧॥

17847	389	ਤੂੰ ਮੇਰਾ ਕਰਤਾ ਹਉ ਸੇਵਕੁ ਤੇਰਾ॥		Thoon Maeraa Karathaa Ho Saevak Thaeraa ||	You are my Creator, and I am Your servant.	ਹੇ ਪ੍ਰਭੂ! ਤੂੰ ਮੇਰਾ ਪੈਦਾ ਕਰਨ ਵਾਲਾ ਹੈਂ, ਮੈਂ ਤੇਰਾ ਦਾਸ ਹਾਂ।
17848	389	ਸਰਣਿ ਗਹੀ ਪ੍ਰਭ ਗੁਨੀ ਗਹੇਰਾ॥੧॥ਰਹਾਉ॥	(ਗਹੇਰਾ) ਸਮੁੰਦ੍ਰ	Saran Gehee Prabh Gunee Gehaeraa ||1|| Rehaao ||	I have taken to Your Sanctuary, O God, most profound and excellent. ||1||Pause||	ਹੇ ਸਾਰੇ ਗੁਣਾਂ ਦੇ ਡੂੰਘੇ ਸਮੁੰਦਰ ਪ੍ਰਭੂ! ਮੈਂ ਤੇਰੀ ਸਰਨ ਫੜੀ ਹੈ ॥੧॥ ਰਹਾਉ ॥
17849	389	ਤੂ ਮੇਰਾ ਜੀਵਨੁ ਤੂ ਆਧਾਰੁ॥		Thoo Maeraa Jeevan Thoo Aadhhaar ||	You are my life, You are my Support.	ਹੇ ਪ੍ਰਭੂ! ਤੂੰ ਹੀ ਮੇਰੀ ਜ਼ਿੰਦਗੀ (ਦਾ ਮੂਲ) ਹੈਂ ਤੂੰ ਹੀ ਮੇਰਾ ਆਸਰਾ ਹੈਂ,
17850	389	ਤੁਝਹਿ ਪੇਖਿ ਬਿਗਸੈ ਕਉਲਾਰੁ॥੨॥	(ਕਉਲਾਰੁ) ਹਿਰਦਾ ਕਮਲ	Thujhehi Paekh Bigasai Koulaar ||2||	Beholding You, my heart-lotus blossoms forth. ||2||	ਤੈਨੂੰ ਵੇਖ ਕੇ (ਮੇਰਾ ਹਿਰਦਾ ਇਉਂ) ਖਿੜਦਾ ਹੈ (ਜਿਵੇਂ) ਕੌਲ-ਫੁੱਲ (ਸੂਰਜ ਨੂੰ ਵੇਖ ਕੇ ਖਿੜਦਾ ਹੈ) ॥੨॥
17851	389	ਤੂ ਮੇਰੀ ਗਤਿ ਪਤਿ ਤੂ ਪਰਵਾਨੁ॥		Thoo Maeree Gath Path Thoo Paravaan ||	You are my salvation and honor; You make me acceptable.	ਹੇ ਪ੍ਰਭੂ! ਤੂੰ ਹੀ ਮੇਰੀ ਉੱਚੀ ਆਤਮਕ ਅਵਸਥਾ ਤੇ (ਲੋਕ ਪਰਲੋਕ ਦੀ) ਇੱਜ਼ਤ (ਦਾ ਰਾਖਾ) ਹੈਂ, (ਜੋ ਕੁਝ) ਤੂੰ (ਕਰਦਾ ਹੈਂ ਉਹ) ਮੈਂ ਖਿੜੇ-ਮੱਥੇ ਮੰਨਦਾ ਹਾਂ।
17852	389	ਤੂ ਸਮਰਥੁ ਮੈ ਤੇਰਾ ਤਾਣੁ॥੩॥	ਸਮਰੱਥੁ	Thoo Samarathh Mai Thaeraa Thaan ||3||	You are All-powerful, You are my strength. ||3||	ਤੂੰ ਹਰੇਕ ਤਾਕਤ ਦਾ ਮਾਲਕ ਹੈਂ, ਮੈਨੂੰ ਤੇਰਾ ਹੀ ਸਹਾਰਾ ਹੈ ॥੩॥

17853	389	ਅਨ ਦਿਨੁ ਜਪਉ ਨਾਮ ਗੁਣਤਾਸਿ॥		Anadhin Japo Naam Gunathaas ||	Night and day, I chant the Naam, the Name of the Lord, the treasure of excellence.	ਹੇ ਪ੍ਰਭੂ! ਹੇ ਗੁਣਾਂ ਦੇ ਖ਼ਜ਼ਾਨੇ! ਮੈਂ ਸਦਾ ਹਰ ਵੇਲੇ ਤੇਰਾ ਨਾਮ ਹੀ ਜਪਦਾ ਰਹਾਂ,
17854	389	ਨਾਨਕ ਕੀ ਪ੍ਰਭ ਪਹਿ ਅਰਦਾਸਿ॥੪॥੨੩॥ ੭੪॥		Naanak Kee Prabh Pehi Aradhaas ||4||23||74||	This is Nanak's prayer to God. ||4||23||74||	(ਮੇਹਰ ਕਰ) ਨਾਨਕ ਦੀ ਤੇਰੇ ਪਾਸ ਇਹ ਬੇਨਤੀ ਹੈ ॥੪॥੨੩॥੭੪॥
17855	389	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17856	389	ਰੋਵਨਹਾਰੈ ਝੂਠੁ ਕਮਾਨਾ॥		Rovanehaarai Jhooth Kamaanaa ||	The mourner practices falsehood;	(ਹੇ ਭਾਈ! ਜਿੱਥੇ ਕੋਈ ਮਰਦਾ ਹੈ ਤੇ ਉਸ ਨੂੰ ਕੋਈ ਸੰਬੰਧੀ ਰੋਂਦਾ ਹੈ ਉਹ) ਰੋਣ ਵਾਲਾ ਭੀ (ਆਪਣੇ ਦੁੱਖਾਂ ਨੂੰ ਰੋਂਦਾ ਹੈ ਤੇ ਇਸ ਤਰ੍ਹਾਂ) ਝੂਠਾ ਰੋਣ ਹੀ ਰੋਂਦਾ ਹੈ।
17857	389	ਹਸਿ ਹਸਿ ਸੋਗੁ ਕਰਤ ਬੇਗਾਨਾ॥੧॥	ਹੱਸਿ ਹੱਸਿ	Has Has Sog Karath Baegaanaa ||1||	He laughs with glee, while mourning for others. ||1||	ਜੇਹੜਾ ਕੋਈ ਓਪਰਾ ਮਨੁੱਖ (ਉਸ ਦੇ ਮਰਨ ਤੇ ਅਫ਼ਸੋਸ ਕਰਨ ਆਉਂਦਾ ਹੈ ਉਹ) ਹੱਸ ਹੱਸ ਕੇ ਅਫ਼ਸੋਸ ਕਰਦਾ ਹੈ ॥੧॥

17858	389	ਕੋ ਮੂਆ ਕਾ ਕੈ ਘਰਿ ਗਾਵਨੁ॥		Ko Mooaa Kaa Kai Ghar Gaavan ||	Someone has died, while there is singing in someone else's house.	(ਹੇ ਭਾਈ!) ਜਗਤ ਵਿਚ ਸੁਖ ਦੁਖ ਦਾ ਚੱਕਰ ਚਲਦਾ ਹੀ ਰਹਿੰਦਾ ਹੈ, ਜਿੱਥੇ ਕੋਈ ਮਰਦਾ ਹੈ (ਉੱਥੇ ਰੋਣ-ਪਿੱਟਣ ਹੋ ਰਿਹਾ ਹੈ), ਤੇ ਕਿਸੇ ਦੇ ਘਰ ਵਿਚ (ਕਿਸੇ ਖ਼ੁਸ਼ੀ ਆਦਿਕ ਦੇ ਕਾਰਨ) ਗਾਉਣ ਹੋ ਰਿਹਾ ਹੈ।
17859	389	ਕੋ ਰੋਵੈ ਕੋ ਹਸਿ ਹਸਿ ਪਾਵਨੁ॥੧॥ਰਹਾਉ॥		Ko Rovai Ko Has Has Paavan ||1|| Rehaao ||	One mourns and bewails, while another laughs with glee. ||1||Pause||	ਕੋਈ ਰੋਂਦਾ ਹੈ ਕੋਈ ਹੱਸ ਹੱਸ ਪੈਂਦਾ ਹੈ ॥੧॥ ਰਹਾਉ ॥
17860	389	ਬਾਲ ਬਿਵਸਥਾ ਤੇ ਬਿਰਧਾਨਾ॥	ਬਿਵਸਥਾ	Baal Bivasathhaa Thae Biradhhaanaa ||	From childhood to old age,	ਬਾਲ ਉਮਰ ਤੋਂ ਲੈ ਕੇ ਬੁੱਢਾ ਹੋਣ ਤਕ-
17861	389	ਪਹੁਚਿ ਨ ਮੂਕਾ ਫਿਰਿ ਪਛੁਤਾਨਾ॥੨॥		Pahuch N Mookaa Fir Pashhuthaanaa ||2||	The mortal does not attain his goals, and he comes to regret in the end. ||2||	(ਮਨੁੱਖ ਅਗਾਂਹ ਅਗਾਂਹ ਆਉਣ ਵਾਲੀ ਉਮਰ ਵਿਚ ਸੁਖ ਦੀ ਆਸ ਧਾਰਦਾ ਹੈ, ਪਰ ਅਗਲੀ ਅਵਸਥਾ ਤੇ) ਮਸਾਂ ਪਹੁੰਚਦਾ ਹੀ ਹੈ (ਕਿ ਉਥੇ ਹੀ ਦੁੱਖ ਭੀ ਵੇਖ ਕੇ ਸੁਖ ਦੀ ਆਸ ਲਾਹ ਬੈਠਦਾ ਹੈ, ਤੇ) ਫਿਰ ਪਛਤਾਂਦਾ ਹੈ (ਕਿ ਆਸਾਂ ਐਵੇਂ ਹੀ ਬਣਾਂਦਾ ਰਿਹਾ) ॥੨॥
17862	389	ਤ੍ਰਿਹੁ ਗੁਣ ਮਹਿ ਵਰਤੈ ਸੰਸਾਰਾ॥		Thrihu Gun Mehi Varathai Sansaaraa ||	The world is under the influence of the three qualities.	(ਹੇ ਭਾਈ!) ਜਗਤ ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਵਿਚ ਹੀ ਦੌੜ-ਭੱਜ ਕਰ ਰਿਹਾ ਹੈ,

17863	389	ਨਰਕ ਸੁਰਗ ਫਿਰਿ ਫਿਰਿ ਅਉਤਾਰਾ॥੩॥		Narak Surag Fir Fir Aouthaaraa ||3||	The mortal is reincarnated, again and again, into heaven and hell. ||3||	ਤੇ ਮੁੜ ਮੁੜ (ਕਦੇ) ਨਰਕਾਂ (ਦੁੱਖਾਂ) ਵਿਚ (ਕਦੇ) ਸੁਰਗ (ਸੁਖਾਂ) ਵਿਚ ਪੈਂਦਾ ਹੈ (ਕਦੇ ਸੁਖ ਮਾਣਦਾ ਹੈ ਕਦੇ ਦੁੱਖ ਭੋਗਦਾ ਹੈ) ॥੩॥
17864	389	ਕਹੁ ਨਾਨਕ ਜੋ ਲਾਇਆ ਨਾਮ॥		Kahu Naanak Jo Laaeiaa Naam ||	Says Nanak, one who is attached to the Naam, the Name of the Lord,	ਨਾਨਕ ਆਖਦਾ ਹੈ- ਜਿਸ ਮਨੁੱਖ ਨੂੰ ਪਰਮਾਤਮਾ ਆਪਣੇ ਨਾਮ ਵਿਚ ਜੋੜਦਾ ਹੈ,
17865	389	ਸਫਲ ਜਨਮੁ ਤਾ ਕਾ ਪਰਵਾਨ॥੪॥੨੪॥੭੫॥		Safal Janam Thaa Kaa Paravaan ||4||24||75||	Becomes acceptable, and his life becomes fruitful. ||4||24||75||	ਉਸ ਦਾ ਮਨੁੱਖਾ ਜਨਮ ਕਾਮਯਾਬ ਹੋ ਜਾਂਦਾ ਹੈ (ਪਰਮਾਤਮਾ ਦੀਆਂ ਨਜ਼ਰਾਂ ਵਿਚ) ਕਬੂਲ ਹੋ ਜਾਂਦਾ ਹੈ ॥੪॥੨੪॥੭੫॥
17866	389	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17867	389	ਸੋਇ ਰਹੀ ਪ੍ਰਭ ਖਬਰਿ ਨ ਜਾਨੀ॥		Soe Rehee Prabh Khabar N Jaanee ||	She remains asleep, and does not know the news of God.	ਹੇ ਸਖੀ! (ਜੇਹੜੀ ਜੀਵ-ਇਸਤ੍ਰੀ ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤੀ ਰਹਿੰਦੀ ਹੈ (ਆਤਮਕ ਜੀਵਨ ਵਲੋਂ ਬੇ-ਪਰਵਾਹ ਟਿਕੀ ਰਹਿੰਦੀ ਹੈ) ਉਹ ਪ੍ਰਭੂ (ਦੇ ਮਿਲਾਪ) ਦੀ ਕਿਸੇ ਸਿੱਖਿਆ ਨੂੰ ਨਹੀਂ ਸਮਝਦੀ।
17868	389	ਭੋਰੁ ਭਇਆ ਬਹੁਰਿ ਪਛੁਤਾਨੀ॥੧॥	(ਭੋਰੁ) ਦਿਨ	Bhor Bhaeiaa Bahur Pashhuthaanee ||1||	The day dawns, and then, she regrets. ||1||	ਪਰ ਜਦੋਂ ਦਿਨ ਚੜ੍ਹ ਆਉਂਦਾ ਹੈ (ਜ਼ਿੰਦਗੀ ਦੀ ਰਾਤ ਮੁੱਕ ਕੇ ਮੌਤ ਦਾ ਸਮਾ ਆ ਜਾਂਦਾ ਹੈ) ਤਦੋਂ ਉਹ ਪਛੁਤਾਂਦੀ ਹੈ ॥੧॥

17869	389	ਪ੍ਰਿਅ ਪ੍ਰੇਮ ਸਹਜਿ ਮਨਿ ਅਨਦੁ ਧਰਉ ਰੀ॥		Pria Praem Sehaj Man Anadh Dhharo Ree ||	Loving the Beloved, the mind is filled with celestial bliss.	ਹੇ ਸਖੀ! ਪਿਆਰੇ (ਪ੍ਰਭੂ) ਦੇ ਪ੍ਰੇਮ ਦੀ ਬਰਕਤਿ ਨਾਲ ਆਤਮਕ ਅਡੋਲਤਾ ਵਿਚ ਟਿਕ ਕੇ ਮੈਂ ਆਪਣੇ ਮਨ ਵਿਚ (ਉਸ ਦੇ ਦਰਸਨ ਦੀ ਤਾਂਘ ਦਾ) ਆਨੰਦ ਟਿਕਾਈ ਰੱਖਦੀ ਹਾਂ।
17870	389	ਪ੍ਰਭ ਮਿਲਬੇ ਕੀ ਲਾਲਸਾ ਤਾ ਤੇ ਆਲਸੁ ਕਹਾ ਕਰਉ ਰੀ॥੧॥ਰਹਾਉ॥	(ਲਾਲਸਾ) ਤਾਂਘ	Prabh Milabae Kee Laalasaa Thaa Thae Aalas Kehaa Karo Ree ||1|| Rehaao ||	You yearn to meet with God, so why do you delay? ||1||Pause||	ਹੇ ਸਖੀ! (ਮੇਰੇ ਅੰਦਰ ਹਰ ਵੇਲੇ) ਪ੍ਰਭੂ ਦੇ ਮਿਲਾਪ ਦੀ ਤਾਂਘ ਬਣੀ ਰਹਿੰਦੀ ਹੈ, ਇਸ ਵਾਸਤੇ (ਉਸ ਨੂੰ ਯਾਦ ਰੱਖਣ ਵਲੋਂ) ਮੈਂ ਕਦੇ ਭੀ ਆਲਸ ਨਹੀਂ ਕਰ ਸਕਦੀ ॥੧॥ ਰਹਾਉ ॥
17871	389	ਕਰ ਮਹਿ ਅੰਮ੍ਰਿਤੁ ਆਣਿ ਨਿਸਾਰਿਓ॥	(ਨਿਸਾਰਿਓ)ਪਾਇਆ	Kar Mehi Anmrith Aan Nisaariou ||	He came and poured His Ambrosial Nectar into your hands,	ਹੇ ਸਖੀ! (ਮਨੁੱਖਾ ਜਨਮ ਦੇ ਕੇ ਪਰਮਾਤਮਾ ਨੇ) ਸਾਡੇ ਹੱਥਾਂ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਲਿਆ ਕੇ ਪਾਇਆ ਸੀ (ਸਾਨੂੰ ਨਾਮ-ਅੰਮ੍ਰਿਤ ਪੀਣ ਦਾ ਮੌਕਾ ਦਿੱਤਾ ਸੀ।
17872	389	ਖਿਸਰਿ ਗਇਓ ਭੂਮ ਪਰਿ ਡਾਰਿਓ॥੨॥	(ਖਿਸਰਿ) ਤਿਲਕ। (ਡਾਰਿਓ) ਸੁੱਟ ਦਿੱਤਾ	Khisar Gaeiou Bhoom Par Ddaariou ||2||	But it slipped through your fingers, and fell onto the ground. ||2||	ਪਰ ਜੇਹੜੀ ਜੀਵ-ਇਸਤ੍ਰੀ ਸਾਰੀ ਉਮਰ ਮੋਹ ਦੀ ਨੀਂਦ ਵਿਚ ਸੁੱਤੀ ਰਹਿੰਦੀ ਹੈ, ਉਸ ਦੇ ਹੱਥਾਂ ਵਿਚ ਉਹ ਅੰਮ੍ਰਿਤ) ਤਿਲਕ ਜਾਂਦਾ ਹੈ ਤੇ ਮਿੱਟੀ ਵਿਚ ਜਾ ਰਲਦਾ ਹੈ ॥੨॥

17873	389	ਸਾਦਿ ਮੋਹਿ ਲਾਦੀ ਅਹੰਕਾਰੇ॥	(ਸਾਦਿ) ਸੁਆਦ	Saadh Mohi Laadhee Ahankaarae ||	You are burdened with desire, emotional attachment and egotism;	ਹੇ ਸਖੀ! (ਜੀਵ-ਇਸਤ੍ਰੀ ਆਪ ਹੀ) ਪਦਾਰਥਾਂ ਦੇ ਸੁਆਦ ਵਿਚ ਮਾਇਆ ਦੇ ਮੋਹ ਵਿਚ, ਅਹੰਕਾਰ ਵਿਚ ਦੱਬੀ ਰਹਿੰਦੀ ਹੈ
17874	389	ਦੋਸੁ ਨਾਹੀ ਪ੍ਰਭ ਕਰਣੈਹਾਰੇ॥੩॥		Dhos Naahee Prabh Karanaihaarae ||3||	It is not the fault of God the Creator. ||3||	(ਇਸ ਦੀ ਇਸ ਮੰਦ-ਭਾਗਤਾ ਬਾਰੇ) ਸਿਰਜਣਹਾਰ ਪ੍ਰਭੂ ਨੂੰ ਕੋਈ ਦੋਸ਼ ਨਹੀਂ ਦਿੱਤਾ ਜਾ ਸਕਦਾ ॥੩॥
17875	389	ਸਾਧਸੰਗਿ ਮਿਟੇ ਭਰਮ ਅੰਧਾਰੇ॥		Saadhhasang Mittae Bharam Andhhaarae ||	In the Saadh Sangat, the Company of the Holy, the darkness of doubt is dispelled.	ਸਾਧ ਸੰਗਤਿ ਵਿਚ ਆ ਕੇ (ਜਿਸ ਜੀਵ-ਇਸਤ੍ਰੀ ਦੇ ਅੰਦਰੋਂ) ਮਾਇਆ ਦੀ ਭਟਕਣ ਦੇ ਹਨੇਰੇ ਮਿਟ ਜਾਂਦੇ ਹਨ,
17876	389	ਨਾਨਕ ਮੇਲੀ ਸਿਰਜਣਹਾਰੇ॥੪॥੨੫॥੭੬॥		Naanak Maelee Sirajanehaarae ||4||25||76||	O Nanak, the Creator Lord blends us with Himself. ||4||25||76||	ਹੇ ਨਾਨਕ! ਸਿਰਜਣਹਾਰ ਪ੍ਰਭੂ (ਉਸ ਨੂੰ ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ ॥੪॥੨੫॥੭੬॥
17877	389	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17878	389	ਚਰਨਕਮਲ ਕੀ ਆਸ ਪਿਆਰੇ॥		Charan Kamal Kee Aas Piaarae ||	I long for the Lotus Feet of my Beloved Lord.	ਹੇ ਪਿਆਰੇ ਪ੍ਰਭੂ! ਜਿਸ ਮਨੁੱਖ ਦੇ ਹਿਰਦੇ ਵਿਚ ਤੇਰੇ ਸੋਹਣੇ ਚਰਨਾਂ ਨਾਲ ਜੁੜੇ ਰਹਿਣ ਦੀ ਆਸ ਪੈਦਾ ਹੋ ਜਾਂਦੀ ਹੈ,
17879	389	ਜਮਕੰਕਰ ਨਸਿ ਗਏ ਵਿਚਾਰੇ॥੧॥	(ਜਮਕੰਕਰ) ਜਮਦੂਤ। ਨੱਸਿ। (ਦੂਜਾ ਪਾਠ: ਜਮ ਕੰਕਰ)	Jamakankar Nas Geae Vichaarae ||1||	The wretched Messenger of Death has run away from me. ||1||	ਜਮ-ਦੂਤ ਭੀ ਉਸ ਉੱਤੇ ਆਪਣਾ ਜ਼ੋਰ ਨਾਹ ਪੈਂਦਾ ਵੇਖ ਕੇ ਉਸ ਪਾਸੋਂ ਦੂਰ ਭੱਜ ਜਾਂਦੇ ਹਨ ॥੧॥

17880	389	ਤੂ ਚਿਤਿ ਆਵਹਿ ਤੇਰੀ ਮਇਆ॥		Thoo Chith Aavehi Thaeree Maeiaa ||	You enter into my mind, by Your Kind Mercy.	ਹੇ ਪ੍ਰਭੂ! ਜਿਸ ਮਨੁੱਖ ਉੱਤੇ ਤੇਰੀ ਮਿਹਰ ਹੁੰਦੀ ਹੈ ਉਸ ਦੇ ਚਿੱਤ ਵਿਚ ਤੂੰ ਆ ਵੱਸਦਾ ਹੈਂ,
17881	389	ਸਿਮਰਤ ਨਾਮ ਸਗਲ ਰੋਗ ਖਇਆ॥੧॥ਰਹਾਉ ॥	(ਖਇਆ) ਨਾਸ	Simarath Naam Sagal Rog Khaeiaa ||1|| Rehaao ||	Meditating on the Naam, the Name of the Lord, all diseases are destroyed. ||1||Pause||	ਤੇਰਾ ਨਾਮ ਸਿਮਰਿਆਂ ਉਸ ਦੇ ਸਾਰੇ ਰੋਗ ਨਾਸ ਹੋ ਜਾਂਦੇ ਹਨ ॥੧॥ ਰਹਾਉ ॥
17882	389	ਅਨਿਕ ਦੂਖ ਦੇਵਹਿ ਅਵਰਾ ਕਉ॥		Anik Dhookh Dhaevehi Avaraa Ko ||	Death gives so much pain to others,	ਹੇ ਪ੍ਰਭੂ! ਹੋਰਨਾਂ ਨੂੰ ਤਾਂ (ਇਹ ਜਮ-ਦੂਤ) ਅਨੇਕਾਂ ਕਿਸਮਾਂ ਦੇ ਦੁੱਖ ਦੇਂਦੇ ਹਨ,
17883	389	ਪਹੁਚਿ ਨ ਸਾਕਹਿ ਜਨ ਤੇਰੇ ਕਉ॥੨॥		Pahuch N Saakehi Jan Thaerae Ko ||2||	But it cannot even come near Your slave. ||2||	ਪਰ ਸੇਵਕ ਦੇ ਇਹ ਨੇੜੇ ਭੀ ਨਹੀਂ ਢੁੱਕ ਸਕਦੇ ॥੨॥
17884	389	ਦਰਸ ਤੇਰੇ ਕੀ ਪਿਆਸ ਮਨਿ ਲਾਗੀ॥		Dharas Thaerae Kee Piaas Man Laagee ||	My mind thirsts for Your Vision;	ਹੇ ਪ੍ਰਭੂ! ਜਿਸ ਮਨੁੱਖ ਦੇ ਮਨ ਵਿਚ ਤੇਰੇ ਦਰਸ਼ਨ ਦੀ ਤਾਂਘ ਪੈਦਾ ਹੁੰਦੀ ਹੈ,
17885	389	ਸਹਜ ਅਨੰਦ ਬਸੈ ਬੈਰਾਗੀ॥੩॥		Sehaj Anandh Basai Bairaagee ||3||	In peaceful ease and bliss, I dwell in detachment. ||3||	ਉਹ ਮਾਇਆ ਵਲੋਂ ਵੈਰਾਗਵਾਨ ਹੋ ਕੇ ਆਤਮਕ ਅਡੋਲਤਾ ਦੇ ਆਨੰਦ ਵਿਚ ਟਿਕਿਆ ਰਹਿੰਦਾ ਹੈ ॥੩॥
17886	389	ਨਾਨਕ ਕੀ ਅਰਦਾਸਿ ਸੁਣੀਜੈ॥		Naanak Kee Aradhaas Suneejai ||	Hear this prayer of Nanak:	ਹੇ ਪ੍ਰਭੂ! (ਆਪਣੇ ਸੇਵਕ) ਨਾਨਕ ਦੀ ਭੀ ਅਰਜ਼ੋਈ ਸੁਣ,

17887	389	ਕੇਵਲ ਨਾਮੁ ਰਿਦੇ ਮਹਿ ਦੀਜੈ॥੪॥੨੬॥੭੭॥		Kaeval Naam Ridhae Mehi Dheejai ||4||26||77||	Please, infuse Your Name into his heart. ||4||26||77||	(ਨਾਨਕ ਨੂੰ ਆਪਣਾ) ਸਿਰਫ਼ ਨਾਮ ਹਿਰਦੇ ਵਿਚ (ਵਸਾਣ ਲਈ) ਦੇਹ ॥੪॥੨੬॥੭੭॥
17888	389	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17889	389	ਮਨੁ ਤ੍ਰਿਪਤਾਨੋ ਮਿਟੇ ਜੰਜਾਲ॥		Man Thripathaano Mittae Janjaal ||	My mind is satisfied, and my entanglements have been dissolved.	(ਹੇ ਭਾਈ!) ਉਸ ਮਨੁੱਖ ਦਾ ਮਨ ਮਾਇਆ ਦੀ ਤ੍ਰਿਸ਼ਨਾ ਵਲੋਂ ਰੱਜ ਜਾਂਦਾ ਹੈ ਉਸ ਦੇ ਮਾਇਆ ਦੇ ਮੋਹ ਦੇ ਸਾਰੇ ਬੰਧਨ ਟੁੱਟ ਜਾਂਦੇ ਹਨ,
17890	389	ਪ੍ਰਭੁ ਅਪੁਨਾ ਹੋਇਆ ਕਿਰਪਾਲ॥੧॥		Prabh Apunaa Hoeiaa Kirapaal ||1||	God has become merciful to me. ||1||	ਜਿਸ ਉੱਤੇ ਪਿਆਰਾ ਪ੍ਰਭੂ ਦਇਆਵਾਨ ਹੋ ਜਾਂਦਾ ਹੈ ॥੧॥
17891	389	ਸੰਤ ਪ੍ਰਸਾਦਿ ਭਲੀ ਬਨੀ॥		Santh Prasaadh Bhalee Banee ||	By the Grace of the Saints, everything has turned out well.	(ਹੇ ਭਾਈ!) ਗੁਰੂ ਦੀ ਕਿਰਪਾ ਨਾਲ ਮੇਰਾ ਭਾਗ ਜਾਗ ਪਿਆ ਹੈ,
17892	389	ਜਾ ਕੈ ਗ੍ਰਿਹ ਸਭੁ ਕਿਛੁ ਹੈ ਪੂਰਨੁ ਸੋ ਭੇਟਿਆ ਨਿਰਭੈ ਧਨੀ॥੧॥ਰਹਾਉ॥		Jaa Kai Grihi Sabh Kishh Hai Pooran So Bhaettiaa Nirabhai Dhhanee ||1|| Rehaao ||	His House is overflowing with all things; I have met Him, the Fearless Master. ||1||Pause||	ਮੈਨੂੰ ਉਹ ਮਾਲਕ ਮਿਲ ਪਿਆ ਹੈ ਜਿਸ ਨੂੰ ਕਿਸੇ ਪਾਸੋਂ ਕੋਈ ਡਰ ਨਹੀਂ ਤੇ ਜਿਸ ਦੇ ਘਰ ਵਿਚ ਹਰੇਕ ਚੀਜ਼ ਅਮੁੱਕ ਹੈ ॥੧॥ ਰਹਾਉ ॥

17893	389	ਨਾਮੁ ਦ੍ਰਿੜਾਇਆ ਸਾਧ ਕ੍ਰਿਪਾਲ॥		Naam Dhrirraaeiaa Saadhh Kirapaal ||	By the Kind Mercy of the Holy Saints, the Naam has been implanted within me.	(ਹੇ ਭਾਈ!) ਦਇਆ-ਸਰੂਪ ਗੁਰੂ ਨੇ (ਜਿਸ ਮਨੁੱਖ ਦੇ ਹਿਰਦੇ ਵਿਚ) ਨਾਮ ਪੱਕਾ ਕਰ ਦਿੱਤਾ,
17894	389	ਮਿਟਿ ਗਈ ਭੂਖ ਮਹਾ ਬਿਕਰਾਲ॥੨॥		Mitt Gee Bhookh Mehaa Bikaraal ||2||	The most dreadful desires have been eliminated. ||2||	(ਉਸ ਦੇ ਅੰਦਰੋਂ) ਬੜੀ ਡਰਾਉਣੀ (ਮਾਇਆ ਦੀ) ਭੁੱਖ ਦੂਰ ਹੋ ਗਈ ॥੨॥
17895	389	ਠਾਕੁਰਿ ਅਪੁਨੈ ਕੀਨੀ ਦਾਤਿ॥		Thaakur Apunai Keenee Dhaath ||	My Master has given me a gift;	(ਹੇ ਭਾਈ!) ਠਾਕੁਰ-ਪ੍ਰਭੂ ਨੇ ਜਿਸ ਨੂੰ ਆਪਣੇ ਸੇਵਕ ਨਾਮ ਦੀ ਦਾਤਿ ਬਖ਼ਸ਼ੀ,
17896	389	ਜਲਨਿ ਬੁਝੀ ਮਨਿ ਹੋਈ ਸਾਂਤਿ॥੩॥	ਬੁਝੀ: ਪੋਲਾ ਬੋਲੋ	Jalan Bujhee Man Hoee Saanth ||3||	The fire has been extinguished, and my mind is now at peace. ||3||	(ਉਸ ਦੇ ਮਨ ਵਿਚੋਂ ਤ੍ਰਿਸ਼ਨਾ ਦੀ) ਸੜਨ ਬੁੱਝ ਗਈ ਉਸ ਦੇ ਮਨ ਵਿਚ ਠੰਢ ਪੈ ਗਈ ॥੩॥
17897	389	ਮਿਟਿ ਗਈ ਭਾਲ ਮਨੁ ਸਹਜਿ ਸਮਾਨਾ॥		Mitt Gee Bhaal Man Sehaj Samaanaa ||	My search has ended, and my mind is absorbed in celestial bliss.	(ਦੁਨੀਆ ਦੇ ਖ਼ਜ਼ਾਨਿਆਂ ਵਾਸਤੇ ਉਸ ਮਨੁੱਖ ਦੀ) ਢੂੰਢ ਦੂਰ ਹੋ ਗਈ, ਉਸ ਦਾ ਮਨ ਆਤਮਕ ਅਡੋਲਤਾ ਵਿਚ ਟਿਕ ਗਿਆ,
17898	390	ਨਾਨਕ ਪਾਇਆ ਨਾਮ ਖਜਾਨਾ॥੪॥੨੭॥੭੮॥		Naanak Paaeiaa Naam Khajaanaa ||4||27||78||	Nanak has obtained the treasure of the Naam, the Name of the Lord. ||4||27||78||	ਹੇ ਨਾਨਕ! (ਜਿਸ ਨੇ ਗੁਰੂ ਦੀ ਕਿਰਪਾ ਨਾਲ) ਪਰਮਾਤਮਾ ਦੇ ਨਾਮ ਦਾ ਖ਼ਜ਼ਾਨਾ ਲੱਭ ਲਿਆ ॥੪॥੨੭॥੭੮॥
17899	390	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

17900	390	ਠਾਕੁਰ ਸਿਉ ਜਾ ਕੀ ਬਨਿ ਆਈ॥		Thaakur Sio Jaa Kee Ban Aaee ||	Those who are attuned to their Lord and Master	(ਹੇ ਭਾਈ!) ਜਿਸ ਮਨੁੱਖ ਦੀ ਪ੍ਰੀਤਿ ਮਾਲਕ-ਪ੍ਰਭੂ ਨਾਲ ਪੱਕੀ ਬਣ ਜਾਂਦੀ ਹੈ,
17901	390	ਭੋਜਨ ਪੂਰਨ ਰਹੇ ਅਘਾਈ॥੧॥	(ਅਘਾਈ) ਰੱਜੇ	Bhojan Pooran Rehae Aghaaee ||1||	Are satisfied and fulfilled with the perfect food. ||1||	ਅਮੁੱਕ ਨਾਮ-ਭੋਜਨ ਦੀ ਬਰਕਤਿ ਨਾਲ ਉਹ (ਮਾਇਆ ਦੀ ਤ੍ਰਿਸ਼ਨਾ ਵਲੋਂ ਸਦਾ) ਰੱਜਿਆ ਰਹਿੰਦਾ ਹੈ ॥੧॥
17902	390	ਕਛੂ ਨ ਥੋਰਾ ਹਰਿ ਭਗਤਨ ਕਉ॥		Kashhoo N Thhoraa Har Bhagathan Ko ||	The Lord's devotees never run short of anything.	(ਹੇ ਭਾਈ! ਹਰੀ ਦੇ ਭਗਤਾਂ ਪਾਸ ਇਤਨਾ ਅਮੁੱਕ ਨਾਮ-ਖ਼ਜ਼ਾਨਾ ਹੁੰਦਾ ਹੈ ਕਿ) ਭਗਤ ਜਨਾਂ ਨੂੰ ਕਿਸੇ ਚੀਜ਼ ਦੀ ਥੁੜ ਨਹੀਂ ਹੁੰਦੀ,
17903	390	ਖਾਤ ਖਰਚਤ ਬਿਲਛਤ ਦੇਵਨ ਕਉ॥੧॥ਰਹਾਉ॥	(ਬਿਲਛਤ) ਅਨੰਦ ਮਾਣਦੇ	Khaath Kharachath Bilashhath Dhaevan Ko ||1|| Rehaao ||	They have plenty to eat, spend, enjoy and give. ||1||Pause||	ਉਹ ਉਸ ਖ਼ਜ਼ਾਨੇ ਨੂੰ ਆਪ ਵਰਤਦੇ ਹਨ ਹੋਰਨਾਂ ਨੂੰ ਵੰਡਦੇ ਹਨ, ਆਪ ਆਨੰਦ ਮਾਣਦੇ ਹਨ, ਤੇ ਹੋਰਨਾਂ ਨੂੰ ਭੀ ਆਨੰਦ ਦੇਣ-ਜੋਗੇ ਹੁੰਦੇ ਹਨ ॥੧॥ ਰਹਾਉ ॥
17904	390	ਜਾ ਕਾ ਧਨੀ ਅਗਮ ਗੁਸਾਈ॥		Jaa Kaa Dhhanee Agam Gusaaee ||	One who has the Unfathomable Lord of the Universe as his Master	ਜਗਤ ਦਾ ਖਸਮ ਅਪਹੁੰਚ ਮਾਲਕ ਜਿਸ ਮਨੁੱਖ ਦਾ (ਰਾਖਾ) ਬਣ ਜਾਂਦਾ ਹੈ।
17905	390	ਮਾਨੁਖ ਕੀ ਕਹੁ ਕੇਤ ਚਲਾਈ॥੨॥		Maanukh Kee Kahu Kaeth Chalaaee ||2||	- how can any mere mortal stand up to him? ||2||	(ਹੇ ਭਾਈ!) ਦੱਸ, ਕਿਸੇ ਮਨੁੱਖ ਦਾ ਉਸ ਉੱਤੇ ਕੀਹ ਜ਼ੋਰ ਚੜ੍ਹ ਸਕਦਾ ਹੈ? ॥੨॥

17906	390	ਜਾ ਕੀ ਸੇਵਾ ਦਸ ਅਸਟ ਸਿਧਾਈ॥	(ਦਸ ਅਸਟ) ਅਠਾਰਾਂ (ਸਿਧਾਈ) ਸਿੱਧੀਆਂ	Jaa Kee Saevaa Dhas Asatt Sidhhaaee ||	One who is served by the eighteen supernatural powers of the Siddhas	(ਹੇ ਭਾਈ!) ਜਿਸ ਦੀ ਸੇਵਾ-ਭਗਤੀ ਕੀਤਿਆਂ ਤੇ ਅਠਾਰਾਂ (ਹੀ) ਕਰਾਮਾਤੀ ਤਾਕਤਾਂ ਮਿਲ ਜਾਂਦੀਆਂ ਹਨ,
17907	390	ਪਲਕ ਦਿਸਟਿ ਤਾ ਕੀ ਲਾਗਹੁ ਪਾਈ॥੩॥		Palak Dhisatt Thaa Kee Laagahu Paaee ||3||	- grasp his feet, even for an instant. ||3||	ਜਿਸ ਦੀ ਮੇਹਰ ਦੀ ਨਿਗਾਹ ਨਾਲ (ਇਹ ਸਭ ਪ੍ਰਾਪਤ ਹੁੰਦਾ ਹੈ) ਸਦਾ ਉਸ ਦੀ ਚਰਨੀਂ ਲੱਗੇ ਰਹੋ ॥੩॥
17908	390	ਜਾ ਕਉ ਦਇਆ ਕਰਹੁ ਮੇਰੇ ਸੁਆਮੀ॥		Jaa Ko Dhaeiaa Karahu Maerae Suaamee ||	That one, upon whom You have showered Your Mercy, O my Lord Master	ਹੇ ਮੇਰੇ ਸੁਆਮੀ! ਜਿਨ੍ਹਾਂ ਮਨੁੱਖਾਂ ਉਤੇ ਤੂੰ ਮੇਹਰ ਕਰਦਾ ਹੈਂ,
17909	390	ਕਹੁ ਨਾਨਕ ਨਾਹੀ ਤਿਨ ਕਾਮੀ॥੪॥੨੮॥੭੯॥		Kahu Naanak Naahee Thin Kaamee ||4||28||79||	- says Nanak, he does not lack anything. ||4||28||79||	ਨਾਨਕ ਆਖਦਾ ਹੈ- ਉਹਨਾਂ ਨੂੰ ਕਿਸੇ ਗੱਲੇ ਕੋਈ ਥੁੜ ਨਹੀਂ ਰਹਿੰਦੀ ॥੪॥੨੮॥੭੯॥
17910	390	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17911	390	ਜਉ ਮੈ ਅਪੁਨਾ ਸਤਿਗੁਰੁ ਧਿਆਇਆ॥		Jo Mai Apunaa Sathigur Dhhiaaeiaa ||	When I meditate on my True Guru,	(ਹੇ ਭਾਈ!) ਜਦੋਂ ਦਾ ਮੈਂ ਆਪਣੇ ਗੁਰੂ ਨੂੰ ਆਪਣੇ ਮਨ ਵਿਚ ਵਸਾ ਲਿਆ ਹੈ,

17912	390	ਤਬ ਮੇਰੈ ਮਨਿ ਮਹਾ ਸੁਖੁ ਪਾਇਆ॥੧॥		Thab Maerai Man Mehaa Sukh Paaeiaa ||1||	My mind becomes supremely peaceful. ||1||	ਤਦੋਂ ਤੋਂ ਮੇਰੇ ਮਨ ਨੇ ਬੜਾ ਆਨੰਦ ਪ੍ਰਾਪਤ ਕੀਤਾ ਹੈ ॥੧॥
17913	390	ਮਿਟਿ ਗਈ ਗਣਤ ਬਿਨਾਸਿਉ ਸੰਸਾ॥	(ਸੰਸਾ) ਚਿੰਤਾ	Mitt Gee Ganath Binaasio Sansaa ||	The record of my account is erased, and my doubts are dispelled.	(ਹੇ ਭਾਈ!) ਉਹਨਾਂ ਦੀ ਹਰੇਕ ਚਿੰਤਾ ਮਿਟ ਜਾਂਦੀ ਹੈ ਉਹਨਾਂ ਦਾ ਹਰੇਕ ਸਹਮ ਦੂਰ ਹੋ ਜਾਂਦਾ ਹੈ,
17914	390	ਨਾਮਿ ਰਤੇ ਜਨ ਭਏ ਭਗਵੰਤਾ॥੧॥ਰਹਾਉ ॥		Naam Rathae Jan Bheae Bhagavanthaa ||1|| Rehaao ||	Imbued with the Naam, the Name of the Lord, His humble servant is blessed with good fortune. ||1||Pause||	ਜੇਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ ਉਹ ਭਾਗਾਂ ਵਾਲੇ ਹੋ ਜਾਂਦੇ ਹਨ ॥੧॥ ਰਹਾਉ ॥
17915	390	ਜਉ ਮੈ ਅਪੁਨਾ ਸਾਹਿਬੁ ਚੀਤਿ॥		Jo Mai Apunaa Saahib Cheeth ||	When I remember my Lord and Master,	ਜਦੋਂ ਦਾ ਮੈਂ ਆਪਣੇ ਮਾਲਕ ਨੂੰ ਆਪਣੇ ਚਿੱਤ ਵਿਚ (ਵਸਾਇਆ ਹੈ)
17916	390	ਤਉ ਭਉ ਮਿਟਿਓ ਮੇਰੇ ਮੀਤ॥੨॥		Tho Bho Mittiou Maerae Meeth ||2||	My fears are dispelled, O my friend. ||2||	ਹੇ ਮੇਰੇ ਮਿੱਤਰ! ਤਦੋਂ ਤੋਂ ਮੇਰਾ ਹਰੇਕ ਕਿਸਮ ਦਾ ਡਰ ਦੂਰ ਹੋ ਗਿਆ ਹੈ ॥੨॥
17917	390	ਜਉ ਮੈ ਓਟ ਗਹੀ ਪ੍ਰਭ ਤੇਰੀ॥		Jo Mai Outt Gehee Prabh Thaeree ||	When I took to Your Protection, O God,	ਹੇ ਪ੍ਰਭੂ! ਜਦੋਂ ਤੋਂ ਮੈਂ ਤੇਰੀ ਓਟ ਪਕੜੀ ਹੈ,
17918	390	ਤਾਂ ਪੂਰਨ ਹੋਈ ਮਨਸਾ ਮੇਰੀ॥੩॥		Thaan Pooran Hoee Manasaa Maeree ||3||	My desires were fulfilled. ||3||	ਤਦੋਂ ਤੋਂ ਮੇਰੀ ਹਰੇਕ ਮਨੋ-ਕਾਮਨਾ ਪੂਰੀ ਹੋ ਰਹੀ ਹੈ ॥੩॥

17919	390	ਦੇਖਿ ਚਲਿਤ ਮਨਿ ਭਏ ਦਿਲਾਸਾ॥	ਚਲਿ-ਤ: ਪੋਲਾ ਬੋਲੋ ਮਿਲਵਾਂ, ਲੱਲੇ ਸਿਹਾਰੀ ਲਾਉ	Dhaekh Chalith Man Bheae Dhilaasaa ||	Gazing upon the wonder of Your play, my mind has become encouraged.	ਤੇਰੇ ਚਰਿਤ੍ਰ ਵੇਖ ਵੇਖ ਕੇ ਮੇਰੇ ਮਨ ਵਿਚ ਸਹਾਰਾ ਬਣਦਾ ਜਾਂਦਾ ਹੈ (ਕਿ ਸਰਨ ਪਿਆਂ ਦੀ ਤੂੰ ਸਹਾਇਤਾ ਕਰਦਾ ਹੈਂ।)
17920	390	ਨਾਨਕ ਦਾਸ ਤੇਰਾ ਭਰਵਾਸਾ॥੪॥੨੯॥੮੦॥	(ਭਰਵਾਸਾ) ਭਰੋਸਾ	Naanak Dhaas Thaeraa Bharavaasaa ||4||29||80||	Servant Nanak relies on You alone. ||4||29||80||	ਹੇ ਨਾਨਕ! (ਆਖ-ਹੇ ਪ੍ਰਭੂ! ਮੈਨੂੰ ਤੇਰੇ) ਦਾਸ ਨੂੰ ਤੇਰਾ ਹੀ ਭਰਵਾਸਾ ਹੈ ॥੪॥੨੯॥੮੦॥
17921	390	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17922	390	ਅਨ ਦਿਨੁ ਮੂਸਾ ਲਾਜੁ ਟੁਕਾਈ॥	(ਮੂੱਸਾ) ਚੂਹਾ। (ਲਾਜੁ) ਲੱਜ	Anadhin Moosaa Laaj Ttukaaee ||	Night and day, the mouse of time gnaws away at the rope of life.	(ਹੇ ਭਾਈ! ਤੂੰ ਮਾਇਆ ਦੇ ਮੋਹ ਦੇ ਖੂਹ ਵਿਚ ਲਮਕਿਆ ਪਿਆ ਹੈਂ, ਜਿਸ ਲੱਜ ਦੇ ਆਸਰੇ ਤੂੰ ਲਮਕਿਆ ਹੋਇਆ ਹੈਂ ਉਸ) ਲੱਜ ਨੂੰ ਹਰ ਰੋਜ਼ ਚੂਹਾ ਟੁੱਕ ਰਿਹਾ ਹੈ।
17923	390	ਗਿਰਤ ਕੂਪ ਮਹਿ ਖਾਹਿ ਮਿਠਾਈ॥੧॥		Girath Koop Mehi Khaahi Mithaaee ||1||	Falling into the well, the mortal eats the sweet treats of Maya. ||1||	(ਉਮਰ ਦੀ ਲੱਜ ਨੂੰ ਜਮ-ਚੂਹਾ ਟੁੱਕਦਾ ਜਾ ਰਿਹਾ ਹੈ, ਪਰ) ਤੂੰ ਖੂਹ ਵਿਚ ਡਿੱਗਾ ਹੋਇਆ ਭੀ ਮਠਿਆਈ ਖਾਈ ਜਾ ਰਿਹਾ ਹੈਂ (ਦੁਨੀਆ ਦੇ ਪਦਾਰਥ ਮਾਣਨ ਵਿਚ ਰੁੱਝਾ ਪਿਆ ਹੈਂ) ॥੧॥
17924	390	ਸੋਚਤ ਸਾਚਤ ਰੈਨਿ ਬਿਹਾਨੀ॥	(ਸਾਚਤ) ਇਕੱਠਾ ਕਰਦੇ	Sochath Saachath Rain Bihaanee ||	Thinking and planning, the night of the life is passing away.	ਮਾਇਆ ਦੀਆਂ ਸੋਚਾਂ ਸੋਚਦਿਆਂ ਹੀ ਮਨੁੱਖ ਦੀ (ਜ਼ਿੰਦਗੀ ਦੀ ਸਾਰੀ) ਰਾਤ ਬੀਤ ਜਾਂਦੀ ਹੈ,

17925	390	ਅਨਿਕ ਰੰਗ ਮਾਇਆ ਕੇ ਚਿਤਵਤ ਕਬਹੂ ਨ ਸਿਮਰੈ ਸਾਰਿੰਗਪਾਨੀ॥੧॥ਰਹਾਉ॥		Anik Rang Maaeiaa Kae Chithavath Kabehoo N Simarai Saaringapaanee ||1|| Rehaao ||	Thinking of the many pleasures of Maya, the mortal never remembers the Lord, the Sustainer of the earth. ||1||Pause||	ਮਨੁੱਖ ਮਾਇਆ ਦੇ ਹੀ ਅਨੇਕਾਂ ਰੰਗ ਤਮਾਸ਼ੇ ਸੋਚਦਾ ਰਹਿੰਦਾ ਹੈ ਤੇ ਪਰਮਾਤਮਾ ਨੂੰ ਕਦੇ ਭੀ ਨਹੀਂ ਸਿਮਰਦਾ ॥੧॥ ਰਹਾਉ ॥
17926	390	ਦ੍ਰੁਮ ਕੀ ਛਾਇਆ ਨਿਹਚਲ ਗ੍ਰਿਹੁ ਬਾਂਧਿਆ॥	(ਦ੍ਰੁਮ) ਰੁੱਖ	Dhraam Kee Shhaaeiaa Nihachal Grihu Baandhhiaa ||	Believing the shade of the tree to be permanent, he builds his house beneath it.	(ਮਾਇਆ ਦੇ ਮੋਹ ਵਿਚ ਫਸ ਕੇ ਮਨੁੱਖ ਇਤਨਾ ਮੂਰਖ ਹੋ ਜਾਂਦਾ ਹੈ ਕਿ) ਰੁੱਖ ਦੀ ਛਾਂ ਨੂੰ ਪੱਕਾ ਘਰ ਮੰਨ ਬੈਠਦਾ ਹੈ,
17927	390	ਕਾਲ ਕੈ ਫਾਂਸਿ ਸਕਤ ਸਰੁ ਸਾਂਧਿਆ॥੨॥	(ਸਕਤ) ਤਾਕਤਵਰ। (ਸਰੁ) ਤੀਰ (ਸਾਂਧਿਆ) ਸਿੰਨ੍ਹਿਆ	Kaal Kai Faans Sakath Sar Saandhhiaa ||2||	But the noose of death is around his neck, and Shakti, the power of Maya, has aimed her arrows at him. ||2||	ਮਨੁੱਖ ਕਾਲ (ਆਤਮਕ ਮੌਤ) ਦੀ ਫਾਹੀ ਵਿਚ ਫਸਿਆ ਹੋਇਆ ਹੈ ਉਤੋਂ ਮਾਇਆ ਨੇ ਤ੍ਰਿੱਖਾ (ਮੋਹ ਦਾ) ਤੀਰ ਕੱਸਿਆ ਹੋਇਆ ਹੈ ॥੨॥
17928	390	ਬਾਲੂ ਕਨਾਰਾ ਤਰੰਗ ਮੁਖਿ ਆਇਆ॥	(ਬਾਲੂ) ਰੇਤ। ਪਾਣੀ ਦੀ (ਤਰੰਗ) ਲਹਿਰ	Baaloo Kanaaraa Tharang Mukh Aaeiaa ||	The sandy shore is being washed away by the waves,	(ਇਹ ਜਗਤ-ਵਾਸਾ, ਮਾਨੋ,) ਰੇਤ ਦਾ ਕੰਢਾ (ਦਰਿਆ ਦੀਆਂ) ਲਹਰਾਂ ਦੇ ਮੂੰਹ ਵਿਚ ਆਇਆ ਹੋਇਆ ਹੈ,
17929	390	ਸੋ ਥਾਨੁ ਮੂੜਿ ਨਿਹਚਲੁ ਕਰਿ ਪਾਇਆ॥੩॥		So Thhaan Moorr Nihachal Kar Paaeiaa ||3||	But the fool still believes that place to be permanent. ||3||	(ਪਰ ਮਾਇਆ ਦੇ ਮੋਹ ਵਿਚ ਫਸੇ ਹੋਏ) ਮੂਰਖ ਨੇ ਇਸ ਥਾਂ ਨੂੰ ਪੱਕਾ ਸਮਝਿਆ ਹੋਇਆ ਹੈ ॥੩॥

17930	390	ਸਾਧਸੰਗਿ ਜਪਿਓ ਹਰਿ ਰਾਇ॥		Saadhhasang Japiou Har Raae ||	In the Saadh Sangat, the Company of the Holy, chant the Name of the Lord, the King.	ਜਿਸ ਮਨੁੱਖ ਨੇ ਸਾਧ ਸੰਗਤਿ ਵਿਚ ਟਿਕ ਕੇ ਪ੍ਰਭੂ-ਪਾਤਿਸ਼ਾਹ ਦਾ ਜਾਪ ਜਪਿਆ ਹੈ,
17931	390	ਨਾਨਕ ਜੀਵੈ ਹਰਿ ਗੁਣ ਗਾਇ॥੪॥੩੦॥੮੧॥		Naanak Jeevai Har Gun Gaae ||4||30||81||	Nanak lives by singing the Glorious Praises of the Lord. ||4||30||81||	ਹੇ ਨਾਨਕ! ਉਹ ਪਰਮਾਤਮਾ ਦੇ ਗੁਣ ਗਾ ਗਾ ਕੇ ਆਤਮਕ ਜੀਵਨ ਹਾਸਲ ਕਰਦਾ ਹੈ ॥੪॥੩੦॥੮੧॥
17932	390	ਆਸਾ ਮਹਲਾ ੫ ਦੁਤੁਕੇ ੯॥	ਦੁ-ਤੁਕੇ ਨੌਂ	Aasaa Mehalaa 5 Dhuthukae 9 ||	Aasaa, Fifth Mehl, Du-Tukas 9:	
17933	390	ਉਨ ਕੈ ਸੰਗਿ ਤੂ ਕਰਤੀ ਕੇਲ॥		Oun Kai Sang Thoo Karathee Kael ||	With that, you are engaged in playful sport;	ਹੇ ਕਾਂਇਆਂ! ਜੀਵਾਤਮਾ ਦੀ ਸੰਗਤਿ ਵਿਚ ਰਹਿ ਕੇ ਤੂੰ (ਕਈ ਤਰ੍ਹਾਂ ਦੇ) ਚੋਜ-ਤਮਾਸ਼ੇ ਕਰਦੀ ਰਹਿੰਦੀ ਹੈਂ,
17934	390	ਉਨ ਕੈ ਸੰਗਿ ਹਮ ਤੁਮ ਸੰਗਿ ਮੇਲ॥		Oun Kai Sang Ham Thum Sang Mael ||	With that, I am joined to you.	ਸਭਨਾਂ ਨਾਲ ਤੇਰਾ ਮੇਲ-ਮਿਲਾਪ ਬਣਿਆ ਰਹਿੰਦਾ ਹੈ,
17935	390	ਉਨ੍ ਕੈ ਸੰਗਿ ਤੁਮ ਸਭੁ ਕੋਊ ਲੋਰੈ॥		Ounh Kai Sang Thum Sabh Kooo Lorai ||	With that, everyone longs for you;	ਹਰ ਕੋਈ ਤੈਨੂੰ ਮਿਲਣਾ ਚਾਹੁੰਦਾ ਹੈ,
17936	390	ਓਸੁ ਬਿਨਾ ਕੋਊ ਮੁਖੁ ਨਹੀ ਜੋਰੈ॥੧॥		Ous Binaa Kooo Mukh Nehee Jorai ||1||	Without it, no one would even look at your face. ||1||	ਪਰ ਉਸ ਜੀਵਾਤਮਾ ਦੇ ਮਿਲਾਪ ਤੋਂ ਬਿਨਾ ਤੈਨੂੰ ਕੋਈ ਮੂੰਹ ਨਹੀਂ ਲਾਂਦਾ ॥੧॥

17937	390	ਤੇ ਬੈਰਾਗੀ ਕਹਾ ਸਮਾਏ॥		Thae Bairaagee Kehaa Samaaeae ||	Where is that detached soul now contained?	ਪਤਾ ਨਹੀਂ ਲੱਗਦਾ ਉਹ ਜੀਵਾਤਮਾ ਤੈਥੋਂ ਉਪਰਾਮ ਹੋ ਕੇ ਕਿੱਥੇ ਚਲਾ ਜਾਂਦਾ ਹੈ।
17938	390	ਤਿਸੁ ਬਿਨੁ ਤੁਹੀ ਦੁਹੇਰੀ ਰੀ॥੧॥ਰਹਾਉ॥		This Bin Thuhee Dhuhaeree Ree ||1|| Rehaao ||	Without it, you are miserable. ||1||Pause||	ਹੇ ਕਾਂਇਆਂ! ਉਸ (ਜੀਵਾਤਮਾ) ਤੋਂ ਬਿਨਾ ਤੂੰ ਦੁੱਖੀ ਹੋ ਜਾਂਦੀ ਹੈਂ ॥੧॥ ਰਹਾਉ ॥
17939	390	ਉਨ੍ ਕੈ ਸੰਗਿ ਤੂ ਗ੍ਰਿਹ ਮਹਿ ਮਾਹਰਿ॥	(ਮਾਹਰਿ) ਸਿਆਣੀ	Ounh Kai Sang Thoo Grih Mehi Maahar ||	With that, you are the woman of the house;	ਹੇ ਕਾਂਇਆਂ! ਜਿਤਨਾ ਚਿਰ ਤੂੰ ਜੀਵਾਤਮਾ ਦੇ ਨਾਲ ਸੈਂ ਤੂੰ ਸਿਆਣੀ (ਸਮਝੀ ਜਾਂਦੀ ਹੈ।)
17940	390	ਉਨ੍ ਕੈ ਸੰਗਿ ਤੂ ਹੋਈ ਹੈ ਜਾਹਰਿ॥	(ਜਾਹਰਿ) ਪ੍ਰਗਟ	Ounh Kai Sang Thoo Hoee Hai Jaahar ||	With that, you are respected.	ਜੀਵਾਤਮਾ ਦੇ ਨਾਲ ਹੁੰਦਿਆਂ (ਹਰ ਥਾਂ) ਤੂੰ ਉਜਾਗਰ ਹੁੰਦੀ ਹੈਂ,
17941	390	ਉਨ੍ ਕੈ ਸੰਗਿ ਤੂ ਰਖੀ ਪਪੋਲਿ॥	(ਪਪੋਲਿ) ਪਾਲ਼ ਕੇ	Ounh Kai Sang Thoo Rakhee Papol ||	With that, you are caressed;	ਜੀਵਾਤਮਾ ਦੇ ਨਾਲ ਹੁੰਦਿਆਂ ਤੈਨੂੰ ਪਾਲ-ਪੋਸ ਕੇ ਰੱਖੀਦਾ ਹੈ।
17942	390	ਓਸੁ ਬਿਨਾ ਤੂੰ ਛੁਟਕੀ ਰੋਲਿ॥੨॥	(ਰੋਲਿ) ਰੁਲ਼ ਗਈ	Ous Binaa Thoon Shhuttakee Rol ||2||	Without it, you are reduced to dust. ||2||	ਪਰ ਜਦੋਂ ਉਹ ਜੀਵਾਤਮਾ ਚਲਾ ਜਾਂਦਾ ਹੈ ਤਾਂ ਤੂੰ ਛੁੱਟੜ ਹੋ ਜਾਂਦੀ ਹੈਂ ਰੁਲ ਜਾਂਦੀ ਹੈਂ ॥੨॥
17943	390	ਉਨ੍ ਕੈ ਸੰਗਿ ਤੇਰਾ ਮਾਨੁ ਮਹਤੁ॥	ਮ-ਹੱਤੁ	Ounh Kai Sang Thaeraa Maan Mehath ||	With that, you have honor and respect;	ਹੇ ਕਾਂਇਆਂ! ਜੀਵਾਤਮਾ ਦੇ ਨਾਲ ਹੁੰਦਿਆਂ ਤੇਰਾ ਆਦਰ-ਮਾਣ ਹੁੰਦਾ ਹੈ,
17944	390	ਉਨ੍ ਕੈ ਸੰਗਿ ਤੁਮ ਸਾਕੁ ਜਗਤੁ॥	(ਸਾਕੁ) ਸਨਬੰਧ। ਜੱਗ-ਤੁ	Ounh Kai Sang Thum Saak Jagath ||	With that, you have relatives in the world.	ਜੀਵਾਤਮਾ ਦੇ ਨਾਲ ਹੁੰਦਿਆਂ ਤੈਨੂੰ ਵਡਿਆਈ ਮਿਲਦੀ ਹੈ,

17945	390	ਉਨ੍ ਕੈ ਸੰਗਿ ਤੇਰੀ ਸਭ ਬਿਧਿ ਥਾਟੀ॥	(ਥਾਟੀ) ਬਣੀ ਹੋਈ	Ounh Kai Sang Thaeree Sabh Bidhh Thhaattee ||	With that, you are adorned in every way;	ਜੀਵਾਤਮਾ ਦੇ ਨਾਲ ਹੁੰਦਿਆਂ ਸਾਰਾ ਜਗਤ ਤੇਰਾ ਸਾਕ-ਸਨਬੰਧੀ ਜਾਪਦਾ ਹੈ, ਤੇਰੀ ਹਰ ਤਰ੍ਹਾਂ ਪਾਲਣਾ ਕੀਤੀ ਜਾਂਦੀ ਹੈ।
17946	390	ਓਸੁ ਬਿਨਾ ਤੂੰ ਹੋਈ ਹੈ ਮਾਟੀ॥੩॥		Ous Binaa Thoon Hoee Hai Maattee ||3||	Without it, you are reduced to dust. ||3||	ਪਰ ਜਦੋਂ ਉਸ ਜੀਵਾਤਮਾ ਤੋਂ ਤੂੰ ਵਿਛੁੜ ਜਾਂਦੀ ਹੈਂ ਤਦੋਂ ਤੂੰ ਮਿੱਟੀ ਵਿਚ ਰੁਲ ਜਾਂਦੀ ਹੈਂ ॥੩॥
17947	390	ਓਹੁ ਬੈਰਾਗੀ ਮਰੈ ਨ ਜਾਇ॥		Ouhu Bairaagee Marai N Jaae ||	That detached soul is neither born, nor dies.	ਕਾਂਇਆਂ ਵਿਚੋਂ ਉਪਰਾਮ ਹੋ ਕੇ ਤੁਰ ਜਾਣ ਵਾਲਾ ਜੀਵਾਤਮਾ (ਆਪਣੇ ਆਪ) ਨਾਹ ਮਰਦਾ ਹੈ ਨਾਹ ਜੰਮਦਾ ਹੈ।
17948	390	ਹੁਕਮੇ ਬਾਧਾ ਕਾਰ ਕਮਾਇ॥		Hukamae Baadhhaa Kaar Kamaae ||	It acts according to the Command of the Lord's Will.	(ਉਹ ਤਾਂ ਪਰਮਾਤਮਾ ਦੇ) ਹੁਕਮ ਵਿਚ ਬੱਝਾ ਹੋਇਆ (ਕਾਂਇਆਂ ਵਿਚ ਆਉਣ ਤੇ ਫਿਰ ਇਸ ਵਿਚੋਂ ਚਲੇ ਜਾਣ ਦੀ) ਕਾਰ ਕਰਦਾ ਹੈ।
17949	390	ਜੋੜਿ ਵਿਛੋੜੇ ਨਾਨਕ ਥਾਪਿ॥		Jorr Vishhorrae Naanak Thhaap ||	O Nanak, having fashioned the body, the Lord unites the soul with it, and separates them again;	ਹੇ ਨਾਨਕ! (ਆਖ-ਜੀਵਾਤਮਾ ਦੇ ਕੀਹ ਵੱਸ? ਪਰਮਾਤਮਾ) ਮਨੁੱਖ ਸਰੀਰ ਬਣਾ ਕੇ (ਜੀਵਾਤਮਾ ਤੇ ਕਾਂਇਆਂ ਦਾ ਜੋੜ ਜੋੜਦਾ ਹੈ) ਜੋੜ ਕੇ ਫਿਰ ਵਿਛੋੜ ਵੀ ਦੇਂਦਾ ਹੈ।

17950	390	ਅਪਨੀ ਕੁਦਰਤਿ ਜਾਣੈ ਆਪਿ॥੪॥੩੧॥੮੨॥		Apanee Kudharath Jaanai Aap ||4||31||82||	He alone knows His All-powerful creative nature. ||4||31||82||	(ਜੀਵਾਤਮਾ ਤੇ ਕਾਂਇਆਂ ਨੂੰ ਜੋੜਨ ਵਿਛੋੜਨ ਦੀ) ਆਪਣੀ ਅਜਬ ਖੇਡ ਨੂੰ ਪਰਮਾਤਮਾ ਆਪ ਹੀ ਜਾਣਦਾ ਹੈ ॥੪॥੩੧॥੮੨॥
17951	390	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17952	391	ਨਾ ਓਹੁ ਮਰਤਾ ਨਾ ਹਮ ਡਰਿਆ॥		Naa Ouhu Marathaa Naa Ham Ddariaa ||	He does not die, so I do not fear.	(ਹੇ ਭਾਈ! ਅਸਾਡੀ ਜੀਵਾਂ ਦੀ ਪਰਮਾਤਮਾ ਤੋਂ ਵੱਖਰੀ ਕੋਈ ਹਸਤੀ ਨਹੀਂ। ਉਹ ਆਪ ਹੀ ਜੀਵਾਤਮਾ-ਰੂਪ ਵਿਚ ਸਰੀਰਾਂ ਦੇ ਅੰਦਰ ਵਰਤ ਰਿਹਾ ਹੈ) ਉਹ ਪਰਮਾਤਮਾ ਕਦੇ ਮਰਦਾ ਨਹੀਂ (ਸਾਡੇ ਅੰਦਰ ਭੀ ਉਹ ਆਪ ਹੀ ਹੈ) ਸਾਨੂੰ ਭੀ ਮੌਤ ਤੋਂ ਡਰ ਨਹੀਂ ਹੋਣਾ ਚਾਹੀਦਾ।
17953	391	ਨਾ ਓਹੁ ਬਿਨਸੈ ਨਾ ਹਮ ਕੜਿਆ॥		Naa Ouhu Binasai Naa Ham Karriaa ||	He does not perish, so I do not grieve.	ਉਹ ਪਰਮਾਤਮਾ ਕਦੇ ਨਾਸ ਨਹੀਂ ਹੁੰਦਾ, ਸਾਨੂੰ ਭੀ (ਵਿਨਾਸ਼ ਦੀ) ਕੋਈ ਚਿੰਤਾ ਨਹੀਂ ਹੋਣੀ ਚਾਹੀਦੀ।
17954	391	ਨਾ ਓਹੁ ਨਿਰਧਨੁ ਨਾ ਹਮ ਭੂਖੇ॥		Naa Ouhu Niradhhan Naa Ham Bhookhae ||	He is not poor, so I do not hunger.	ਉਹ ਪ੍ਰਭੂ ਕੰਗਾਲ ਨਹੀਂ ਹੈ, ਅਸੀਂ ਭੀ ਆਪਣੇ ਆਪ ਨੂੰ ਭੁੱਖੇ-ਗਰੀਬ ਨਾਹ ਸਮਝੀਏ।
17955	391	ਨਾ ਓਸੁ ਦੂਖੁ ਨ ਹਮ ਕਉ ਦੂਖੇ॥੧॥		Naa Ous Dhookh N Ham Ko Dhookhae ||1||	He is not in pain, so I do not suffer. ||1||	ਉਸ ਨੂੰ ਕੋਈ ਦੁੱਖ ਨਹੀਂ ਪੋਂਹਦਾ, ਸਾਨੂੰ ਭੀ ਕੋਈ ਦੁੱਖ ਨਹੀਂ ਪੋਹਣਾ ਚਾਹੀਦਾ ॥੧॥

17956	391	ਅਵਰੁ ਨ ਕੋਊ ਮਾਰਨਵਾਰਾ॥		Avar N Kooo Maaranavaaraa ||	There is no other Destroyer than Him.	(ਹੇ ਭਾਈ!) ਉਸ ਪਰਮਾਤਮਾ ਤੋਂ ਬਿਨਾ ਕੋਈ ਹੋਰ ਸਾਨੂੰ ਮਾਰਨ ਦੀ ਤਾਕਤ ਨਹੀਂ ਰੱਖਦਾ।
17957	391	ਜੀਅਉ ਹਮਾਰਾ ਜੀਉ ਦੇਨਹਾਰਾ॥੧॥ਰਹਾਉ ॥		Jeeao Hamaaraa Jeeo Dhaenehaaraa ||1|| Rehaao ||	He is my very life, the Giver of life. ||1||Pause||	ਜੀਉਂਦਾ ਰਹੇ ਸਾਨੂੰ ਜਿੰਦ ਦੇਣ ਵਾਲਾ ਪਰਮਾਤਮਾ (ਪਰਮਾਤਮਾ ਆਪ ਸਦਾ ਕਾਇਮ ਰਹਿਣ ਵਾਲਾ ਹੈ, ਉਹੀ ਸਾਨੂੰ ਜੀਵਾਂ ਨੂੰ ਜਿੰਦ ਦੇਣ ਵਾਲਾ ਹੈ।) ॥੧॥ ਰਹਾਉ ॥
17958	391	ਨਾ ਉਸੁ ਬੰਧਨ ਨਾ ਹਮ ਬਾਧੇ॥		Naa Ous Bandhhan Naa Ham Baadhhae ||	He is not bound, so I am not in bondage.	ਉਸ ਪਰਮਾਤਮਾ ਨੂੰ ਮਾਇਆ ਦੇ ਬੰਧਨ ਜਕੜ ਨਹੀਂ ਸਕਦੇ (ਇਸ ਵਾਸਤੇ ਅਸਲ ਵਿਚ) ਅਸੀਂ ਭੀ ਮਾਇਆ ਦੇ ਮੋਹ ਵਿਚ ਬੱਝੇ ਹੋਏ ਨਹੀਂ ਹਾਂ।
17959	391	ਨਾ ਉਸੁ ਧੰਧਾ ਨਾ ਹਮ ਧਾਧੇ॥	ਹੰਗਤਾ ਦੇ (ਧਾਂਧੇ)ਧੰਦੇ	Naa Ous Dhhandhhaa Naa Ham Dhhaadhhae ||	He has no occupation, so I have no entanglements.	ਉਸ ਨੂੰ ਕੋਈ ਮਾਇਕ ਦੌੜ-ਭੱਜ ਗ੍ਰਸ ਨਹੀਂ ਸਕਦੀ, ਅਸੀਂ ਭੀ ਧੰਧਿਆਂ ਵਿਚ ਗ੍ਰਸੇ ਹੋਏ ਨਹੀਂ ਹਾਂ।
17960	391	ਨਾ ਉਸੁ ਮੈਲੁ ਨ ਹਮ ਕਉ ਮੈਲਾ॥		Naa Ous Mail N Ham Ko Mailaa ||	He has no impurities, so I have no impurities.	(ਸਾਡੇ ਅਸਲੇ) ਉਸ ਪਰਮਾਤਮਾ ਨੂੰ ਵਿਕਾਰਾਂ ਦੀ ਮੈਲ ਨਹੀਂ ਲੱਗ ਸਕਦੀ, ਸਾਨੂੰ ਭੀ ਮੈਲ ਨਹੀਂ ਲੱਗਣੀ ਚਾਹੀਦੀ।
17961	391	ਓਸੁ ਅਨੰਦੁ ਤ ਹਮ ਸਦ ਕੇਲਾ॥੨॥	(ਕੇਲਾ) ਖੁਸ਼ੀਆਂ। ਅਨੰਦੁ	Ous Anandh Th Ham Sadh Kaelaa ||2||	He is in ecstasy, so I am always happy. ||2||	ਉਸ ਨੂੰ ਸਦਾ ਆਨੰਦ ਹੀ ਆਨੰਦ ਹੈ, ਅਸੀਂ ਭੀ ਸਦਾ ਖਿੜੇ ਹੀ ਰਹੀਏ ॥੨॥

17962	391	ਨਾ ਉਸੁ ਸੋਚੁ ਨ ਹਮ ਕਉ ਸੋਚਾ॥		Naa Ous Soch N Ham Ko Sochaa ||	He has no anxiety, so I have no cares.	(ਹੇ ਭਾਈ!) ਉਸ ਪਰਮਾਤਮਾ ਨੂੰ ਕੋਈ ਚਿੰਤਾ-ਫ਼ਿਕਰ ਨਹੀਂ ਵਿਆਪਦਾ (ਸਾਡੇ ਅੰਦਰ ਉਹ ਆਪ ਹੀ ਹੈ) ਸਾਨੂੰ ਭੀ ਕੋਈ ਫ਼ਿਕਰ ਨਹੀਂ ਪੋਹਣਾ ਚਾਹੀਦਾ।
17963	391	ਨਾ ਉਸੁ ਲੇਪੁ ਨ ਹਮ ਕਉ ਪੋਚਾ॥		Naa Ous Laep N Ham Ko Pochaa ||	He has no stain, so I have no pollution.	ਉਸ ਉਤੇ ਮਾਇਆ ਦਾ ਪ੍ਰਭਾਵ ਨਹੀਂ ਪੈਂਦਾ, ਸਾਡੇ ਉੱਤੇ ਭੀ ਕਿਉਂ ਪਏ?
17964	391	ਨਾ ਉਸੁ ਭੂਖ ਨ ਹਮ ਕਉ ਤ੍ਰਿਸਨਾ॥		Naa Ous Bhookh N Ham Ko Thrisanaa ||	He has no hunger, so I have no thirst.	ਉਸ ਪਰਮਾਤਮਾ ਨੂੰ ਮਾਇਆ ਦਾ ਮਾਲਕ ਨਹੀਂ ਦਬਾ ਸਕਦਾ, ਸਾਨੂੰ ਭੀ ਮਾਇਆ ਦੀ ਤ੍ਰਿਸ਼ਨਾ ਨਹੀਂ ਵਿਆਪਣੀ ਚਾਹੀਦੀ।
17965	391	ਜਾ ਉਹੁ ਨਿਰਮਲੁ ਤਾਂ ਹਮ ਜਚਨਾ॥੩॥	(ਜਚਨਾ) ਸ਼ੁੱਧ	Jaa Ouhu Niramal Thaan Ham Jachanaa ||3||	Since He is immaculately pure, I correspond to Him. ||3||	ਜਦੋਂ ਉਹ ਪਰਮਾਤਮਾ ਪਵਿਤ੍ਰ-ਸਰੂਪ ਹੈ (ਉਹੀ ਸਾਡੇ ਅੰਦਰ ਮੌਜੂਦ ਹੈ) ਤਾਂ ਅਸੀਂ ਭੀ ਸੁੱਧ-ਸਰੂਪ ਹੀ ਰਹਿਣੇ ਚਾਹੀਦੇ ਹਾਂ ॥੩॥
17966	391	ਹਮ ਕਿਛੁ ਨਾਹੀ ਏਕੈ ਓਹੀ॥		Ham Kishh Naahee Eaekai Ouhee ||	I am nothing; He is the One and only.	(ਹੇ ਭਾਈ!) ਸਾਡੀ ਕੋਈ ਵੱਖਰੀ ਹੋਂਦ ਨਹੀਂ ਹੈ (ਸਭਨਾਂ ਵਿਚ) ਉਹ ਪਰਮਾਤਮਾ ਆਪ ਹੀ ਆਪ ਹੈ।
17967	391	ਆਗੈ ਪਾਛੈ ਏਕੋ ਸੋਈ॥		Aagai Paashhai Eaeko Soee ||	Before and after, He alone exists.	ਇਸ ਲੋਕ ਵਿਚ ਤੇ ਪਰਲੋਕ ਵਿਚ ਹਰ ਥਾਂ ਉਹ ਪਰਮਾਤਮਾ ਆਪ ਹੀ ਆਪ ਹੈ।

17968	391	ਨਾਨਕ ਗੁਰਿ ਖੋਏ ਭ੍ਰਮ ਭੰਗਾ॥	(ਭੰਗਾ) ਬਿਘਨ	Naanak Gur Khoeae Bhram Bhangaa ||	O Nanak, the Guru has taken away my doubts and mistakes;	ਹੇ ਨਾਨਕ! ਜਦੋਂ ਗੁਰੂ ਨੇ (ਸਾਡੇ ਅੰਦਰੋਂ ਸਾਡੀ ਮਿਥੀ ਹੋਈ ਵੱਖਰੀ ਹਸਤੀ ਦੇ) ਭਰਮ ਦੂਰ ਕਰ ਦਿੱਤੇ ਜੋ (ਸਾਡੇ ਉਸ ਨਾਲ ਇੱਕ-ਰੂਪ ਹੋਣ ਦੇ ਰਾਹ ਵਿਚ) ਵਿਘਨ (ਪਾ ਰਹੇ ਸਨ),
17969	391	ਹਮ ਓਇ ਮਿਲਿ ਹੋਏ ਇਕ ਰੰਗਾ॥੪॥੩੨॥੮੩॥		Ham Oue Mil Hoeae Eik Rangaa ||4||32||83||	He and I, joining together, are of the same color. ||4||32||83||	ਤਦੋਂ ਅਸੀਂ ਉਸ (ਪਰਮਾਤਮਾ) ਨੂੰ ਮਿਲ ਕੇ ਉਸ ਨਾਲ ਇੱਕ-ਮਿਕ ਹੋ ਜਾਂਦੇ ਹਾਂ ॥੪॥੩੨॥੮੩॥
17970	391	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17971	391	ਅਨਿਕ ਭਾਂਤਿ ਕਰਿ ਸੇਵਾ ਕਰੀਐ॥		Anik Bhaanth Kar Saevaa Kareeai ||	Serve Him in many different ways;	ਹੇ ਮਾਂ! (ਪ੍ਰਭੂ ਨੂੰ ਪਿਆਰੀ ਹੋ ਚੁਕੀ ਸਤ-ਸੰਗਣ ਜੀਵ-ਇਸਤ੍ਰੀ ਦੀ) ਸੇਵਾ ਅਨੇਕਾਂ ਤਰੀਕਿਆਂ ਨਾਲ ਕਰਨੀ ਚਾਹੀਦੀ ਹੈ।
17972	391	ਜੀਉ ਪ੍ਰਾਨ ਧਨੁ ਆਗੈ ਧਰੀਐ॥		Jeeo Praan Dhhan Aagai Dhhareeai ||	Dedicate your soul, your breath of life and your wealth to Him.	ਇਹ ਜਿੰਦ ਇਹ ਪ੍ਰਾਣ ਤੇ (ਆਪਣਾ) ਧਨ (ਸਭ ਕੁਝ) ਉਸ ਦੇ ਅੱਗੇ ਰੱਖ ਦੇਣਾ ਚਾਹੀਦਾ ਹੈ।
17973	391	ਪਾਨੀ ਪਖਾ ਕਰਉ ਤਜਿ ਅਭਿਮਾਨੁ॥	ਪੱਖਾ	Paanee Pakhaa Karo Thaj Abhimaan ||	Carry water for Him, and wave the fan over Him - renounce your ego.	(ਹੇ! ਮਾਂ ਜੇ ਮੇਰੇ ਉਤੇ ਕਿਰਪਾ ਹੋਵੇ ਤਾਂ) ਮੈਂ ਭੀ ਅਹੰਕਾਰ ਤਿਆਗ ਕੇ ਉਸ ਦਾ ਪਾਣੀ ਢੋਣ ਤੇ ਉਸ ਨੂੰ ਪੱਖਾ ਝੱਲਣ ਦੀ ਸੇਵਾ ਕਰਾਂ।

17974	391	ਅਨਿਕ ਬਾਰ ਜਾਈਐ ਕੁਰਬਾਨੁ॥੧॥		Anik Baar Jaaeeai Kurabaan ||1||	Make yourself a sacrifice to Him, time and time again. ||1||	(ਉਸ ਜੀਵ-ਇਸਤ੍ਰੀ ਤੋਂ) ਅਨੇਕਾਂ ਵਾਰੀ ਸਦਕੇ ਹੋਣਾ ਚਾਹੀਦਾ ਹੈ ॥੧॥
17975	391	ਸਾਈ ਸੁਹਾਗਣਿ ਜੋ ਪ੍ਰਭ ਭਾਈ॥	ਸਾਂਈਂ	Saaee Suhaagan Jo Prabh Bhaaee ||	She alone is the happy soul-bride, who is pleasing to God.	ਹੇ ਮੇਰੀ ਮਾਂ! ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਪਿਆਰੀ ਲੱਗ ਪੈਂਦੀ ਹੈ ਉਹੀ ਸੁਹਾਗ-ਭਾਗ ਵਾਲੀ ਹੋ ਜਾਂਦੀ ਹੈ।
17976	391	ਤਿਸ ਕੈ ਸੰਗਿ ਮਿਲਉ ਮੇਰੀ ਮਾਈ॥੧॥ਰਹਾਉ॥		This Kai Sang Milo Maeree Maaee ||1|| Rehaao ||	In her company, I may meet Him, O my mother. ||1||Pause||	(ਜੇ ਮੇਰੇ ਉਤੇ ਮੇਹਰ ਹੋਵੇ, ਜੇ ਮੇਰੇ ਭਾਗ ਜਾਗਣ ਤਾਂ) ਮੈਂ ਭੀ ਉਸ ਸੁਹਾਗਣ ਦੀ ਸੰਗਤਿ ਵਿਚ ਮਿਲ ਬੈਠਾਂ ॥੧॥ ਰਹਾਉ ॥
17977	391	ਦਾਸਨਿ ਦਾਸੀ ਕੀ ਪਨਿਹਾਰਿ॥		Dhaasan Dhaasee Kee Panihaar ||	I am the water-carrier of the slaves of His slaves.	ਹੇ ਮਾਂ! ਉਹਨਾਂ ਦੀਆਂ ਦਾਸੀਆਂ ਦੀ ਪਾਣੀ ਢੋਣ ਵਾਲੀ ਬਣਾਂ,
17978	391	ਉਨ੍ ਕੀ ਰੇਣੁ ਬਸੈ ਜੀਅ ਨਾਲਿ॥		Ounh Kee Raen Basai Jeea Naal ||	I treasure in my soul the dust of their feet.	ਉਹਨਾਂ ਸੁਹਾਗਣਾਂ ਦੀ ਚਰਨ-ਧੂੜ ਮੇਰੀ ਜਿੰਦ ਦੇ ਨਾਲ ਟਿਕੀ ਰਹੇ।
17979	391	ਮਾਥੈ ਭਾਗੁ ਤ ਪਾਵਉ ਸੰਗੁ॥		Maathhai Bhaag Th Paavo Sang ||	By that good destiny inscribed upon my forehead, I obtain their society.	ਮੇਰੇ ਮੱਥੇ ਉੱਤੇ (ਪੂਰਬਲੇ ਕਰਮਾਂ ਦਾ) ਭਾਗ ਜਾਗ ਪਏ ਤਾਂ ਮੈਂ ਉਹਨਾਂ ਸੁਹਾਗਣਾਂ ਦੀ ਸੰਗਤਿ ਹਾਸਲ ਕਰਾਂ,
17980	391	ਮਿਲੈ ਸੁਆਮੀ ਅਪੁਨੈ ਰੰਗਿ॥੨॥		Milai Suaamee Apunai Rang ||2||	Through His Love, the Lord Master meets me. ||2||	(ਹੇ ਮਾਂ! ਸੁਹਾਗਣਾਂ ਦੀ ਸੰਗਤਿ ਦਾ ਸਦਕਾ ਹੀ) ਖਸਮ-ਪ੍ਰਭੂ ਆਪਣੇ ਪ੍ਰੇਮ-ਰੰਗ ਵਿਚ ਆ ਕੇ ਮਿਲ ਪੈਂਦਾ ਹੈ ॥੨॥

17981	391	ਜਾਪ ਤਾਪ ਦੇਵਉ ਸਭ ਨੇਮਾ॥		Jaap Thaap Dhaevo Sabh Naemaa ||	I dedicate all to Him - chanting and meditation, austerity and religious observances.	(ਲੋਕ ਦੇਵਤਿਆਂ ਆਦਿਕ ਨੂੰ ਵੱਸ ਕਰਨ ਲਈ ਕਈ ਮੰਤ੍ਰਾਂ ਦੇ ਜਾਪ ਕਰਦੇ ਹਨ। ਕਈ ਜੰਗਲਾਂ ਵਿਚ ਜਾ ਕੇ ਧੂਣੀਆਂ ਤਪਾਂਦੇ ਹਨ, ਤੇ ਹੋਰ ਅਨੇਕਾਂ ਸਾਧਨ ਕਰਦੇ ਹਨ। ਕਈ ਲੋਕ ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ ਧਾਰਮਿਕ ਕਰਮ ਕਰਦੇ ਹਨ, ਜੱਗ-ਹੋਮ ਆਦਿਕ ਕਰਦੇ ਹਨ। ਪਰ, ਹੇ ਮਾਂ! ਉਹਨਾਂ ਸੁਹਾਗਣਾਂ ਦੀ ਸੰਗਤਿ ਦੇ ਵੱਟੇ ਵਿਚ) ਮੈਂ ਸਾਰੇ ਜਾਪ ਸਾਰੇ ਤਪ ਹੋਰ ਸਾਰੇ ਸਾਧਨ ਦੇਣ ਨੂੰ ਤਿਆਰ ਹਾਂ,
17982	391	ਕਰਮ ਧਰਮ ਅਰਪਉ ਸਭ ਹੋਮਾ॥		Karam Dhharam Arapo Sabh Homaa ||	I offer all to Him - good actions, righteous conduct and incense burning.	ਸਾਰੇ (ਮਿਥੇ ਹੋਏ) ਧਾਰਮਿਕ ਕਰਮ ਸਾਰੇ ਜੱਗ-ਹੋਮ ਭੇਟਾ ਕਰਨ ਨੂੰ ਤਿਆਰ ਹਾਂ।
17983	391	ਗਰਬੁ ਮੋਹੁ ਤਜਿ ਹੋਵਉ ਰੇਨ॥	(ਰੇਨ) ਚਰਨ ਧੂੜ	Garab Mohu Thaj Hovo Raen ||	Renouncing pride and attachment, I become the dust of the feet of the Saints.	(ਮੇਰੀ ਇਹ ਤਾਂਘ ਹੈ ਕਿ) ਅਹੰਕਾਰ ਛੱਡ ਕੇ ਮੋਹ ਤਿਆਗ ਕੇ ਮੈਂ ਉਹਨਾਂ ਸੁਹਾਗਣਾਂ ਦੇ ਚਰਨਾਂ ਦੀ ਧੂੜ ਬਣ ਜਾਵਾਂ,
17984	391	ਉਨ੍ ਕੈ ਸੰਗਿ ਦੇਖਉ ਪ੍ਰਭੁ ਨੈਨ॥੩॥		Ounh Kai Sang Dhaekho Prabh Nain ||3||	In their society, I behold God with my eyes. ||3||	(ਕਿਉਂਕਿ, ਹੇ ਮਾਂ!) ਉਹਨਾਂ ਸੁਹਾਗਣਾਂ ਦੀ ਸੰਗਤਿ ਵਿਚ ਰਹਿ ਕੇ ਹੀ ਮੈਂ ਪ੍ਰਭੂ-ਪਤੀ ਨੂੰ ਇਹਨਾਂ ਅੱਖਾਂ ਨਾਲ ਵੇਖ ਸਕਾਂਗੀ ॥੩॥

17985	391	ਨਿਮਖ ਨਿਮਖ ਏਹੀ ਆਰਾਧਉ॥		Nimakh Nimakh Eaehee Aaraadhho ||	Each and every moment, I contemplate and adore Him.	(ਹੇ ਮਾਂ!) ਮੈਂ ਦਿਨ ਰਾਤ ਉਹਨਾਂ ਦੀ ਸੇਵਾ ਦਾ ਸਾਧਨ ਕਰਦੀ ਰਹਾਂ।
17986	391	ਦਿਨਸੁ ਰੈਣਿ ਏਹ ਸੇਵਾ ਸਾਧਉ॥		Dhinas Rain Eaeh Saevaa Saadhho ||	Day and night, I serve Him like this.	ਮੈਂ ਪਲ ਪਲ ਇਹੀ ਸੁੱਖਣਾ ਸੁੱਖਦੀ ਹਾਂ (ਕਿ ਮੈਨੂੰ ਉਹਨਾਂ ਸੁਹਾਗਣਾਂ ਦੀ ਸੰਗਤਿ ਮਿਲੇ।)
17987	391	ਭਏ ਕ੍ਰਿਪਾਲ ਗੁਪਾਲ ਗੋਬਿੰਦ॥		Bheae Kirapaal Gupaal Gobindh ||	The Lord of the Universe, the Cherisher of the World, has become merciful;	ਬਖ਼ਸ਼ਣਹਾਰ ਗੁਪਾਲ ਗੋਬਿੰਦ-ਪ੍ਰਭੂ ਜੀ ਉਸ ਉਤੇ ਦਇਆਵਾਨ ਹੋ ਜਾਂਦੇ ਹਨ,
17988	391	ਸਾਧਸੰਗਿ ਨਾਨਕ ਬਖਸਿੰਦ॥੪॥੩੩॥੮੪॥	ਬਖ-ਸਿੰਦ	Saadhhasang Naanak Bakhasindh ||4||33||84||	In the Saadh Sangat, the Company of the Holy, O Nanak, He forgives us. ||4||33||84||	ਹੇ ਨਾਨਕ! ਜੇਹੜੀ ਜੀਵ-ਇਸਤ੍ਰੀ ਸਾਧ ਸੰਗਤਿ ਵਿਚ ਜਾ ਪਹੁੰਚਦੀ ਹੈ ॥੪॥੩੩॥੮੪॥
17989	391	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
17990	391	ਪ੍ਰਭ ਕੀ ਪ੍ਰੀਤਿ ਸਦਾ ਸੁਖੁ ਹੋਇ॥		Prabh Kee Preeth Sadhaa Sukh Hoe ||	In the Love of God, eternal peace is obtained.	ਹੇ ਮਿੱਤਰ! (ਜੇਹੜਾ ਮਨੁੱਖ) ਪਰਮਾਤਮਾ ਦੀ ਪ੍ਰੀਤਿ (ਆਪਣੇ ਹਿਰਦੇ ਵਿਚ ਵਸਾਂਦਾ ਹੈ ਉਸ ਨੂੰ) ਸਦਾ ਆਤਮਕ ਆਨੰਦ ਮਿਲਿਆ ਰਹਿੰਦਾ ਹੈ,
17991	391	ਪ੍ਰਭ ਕੀ ਪ੍ਰੀਤਿ ਦੁਖੁ ਲਗੈ ਨ ਕੋਇ॥		Prabh Kee Preeth Dhukh Lagai N Koe ||	In the Love of God, one is not touched by pain.	ਪ੍ਰਭੂ ਦੀ ਪ੍ਰੀਤ ਦਾ ਸਦਕਾ (ਉਸ ਨੂੰ) ਕੋਈ ਦੁੱਖ ਪੋਹ ਨਹੀਂ ਸਕਦਾ,

17992	391	ਪ੍ਰਭ ਕੀ ਪ੍ਰੀਤਿ ਹਉਮੈ ਮਲੁ ਖੋਇ॥		Prabh Kee Preeth Houmai Mal Khoe ||	In the Love of God, the filth of ego is washed away.	ਪ੍ਰਭੂ ਦੀ ਪ੍ਰੀਤ ਦਾ ਸਦਕਾ (ਉਹ ਮਨੁੱਖ ਆਪਣੇ ਅੰਦਰੋਂ) ਹਉਮੈ ਦੀ ਮੈਲ ਦੂਰ ਕਰ ਲੈਂਦਾ ਹੈ,
17993	391	ਪ੍ਰਭ ਕੀ ਪ੍ਰੀਤਿ ਸਦ ਨਿਰਮਲ ਹੋਇ॥੧॥		Prabh Kee Preeth Sadh Niramal Hoe ||1||	In the Love of God, one becomes forever immaculate. ||1||	(ਪ੍ਰਭੂ ਦੀ ਇਹ ਪ੍ਰੀਤਿ ਉਸ ਨੂੰ) ਸਦਾ ਪਵਿਤ੍ਰ ਜੀਵਨ ਵਾਲਾ ਬਣਾਈ ਰੱਖਦੀ ਹੈ ॥੧॥
17994	391	ਸੁਨਹੁ ਮੀਤ ਐਸਾ ਪ੍ਰੇਮ ਪਿਆਰੁ॥		Sunahu Meeth Aisaa Praem Piaar ||	Listen, O friend: show such love and affection to God,	ਹੇ ਮਿੱਤਰ! ਸੁਣੋ, (ਪਰਮਾਤਮਾ ਨਾਲ ਪਾਇਆ ਹੋਇਆ) ਪ੍ਰੇਮ-ਪਿਆਰ ਐਸੀ ਦਾਤਿ ਹੈ,
17995	391	ਜੀਅ ਪ੍ਰਾਨ ਘਟ ਘਟ ਆਧਾਰੁ॥੧॥ਰਹਾਉ ॥		Jeea Praan Ghatt Ghatt Aadhhaar ||1|| Rehaao ||	The Support of the soul, the breath of life, of each and every heart. ||1||Pause||	ਕਿ ਇਹ ਹਰੇਕ ਜੀਵ ਦੀ ਜਿੰਦ ਦਾ ਹਰੇਕ ਜੀਵ ਦੇ ਪ੍ਰਾਣਾਂ ਦਾ ਆਸਰਾ ਬਣ ਜਾਂਦਾ ਹੈ ॥੧॥ ਰਹਾਉ ॥
17996	391	ਪ੍ਰਭ ਕੀ ਪ੍ਰੀਤਿ ਭਏ ਸਗਲ ਨਿਧਾਨ॥	(ਨਿਧਾਨ) ਖਜ਼ਾਨੇ	Prabh Kee Preeth Bheae Sagal Nidhhaan ||	In the Love of God, all treasures are obtained.	ਹੇ ਮਿੱਤਰ! (ਜਿਸ ਮਨੁੱਖ ਦੇ ਹਿਰਦੇ ਵਿਚ) ਪਰਮਾਤਮਾ ਦੀ ਪ੍ਰੀਤਿ (ਆ ਵੱਸੀ ਉਸ ਨੂੰ, ਮਾਨੋ) ਸਾਰੇ ਖ਼ਜ਼ਾਨੇ (ਪ੍ਰਾਪਤ) ਹੋ ਗਏ,
17997	391	ਪ੍ਰਭ ਕੀ ਪ੍ਰੀਤਿ ਰਿਦੈ ਨਿਰਮਲ ਨਾਮ॥		Prabh Kee Preeth Ridhai Niramal Naam ||	In the Love of God, the Immaculate Naam fills the heart.	ਪ੍ਰਭੂ ਦੀ ਪ੍ਰੀਤ ਦਾ ਦੁਆਰਾ ਉਸ ਦੇ ਹਿਰਦੇ ਵਿਚ (ਜੀਵਨ ਨੂੰ) ਪਵਿਤ੍ਰ ਕਰਨ ਵਾਲਾ ਹਰਿ-ਨਾਮ (ਆ ਵੱਸਦਾ ਹੈ),

17998	391	ਪ੍ਰਭ ਕੀ ਪ੍ਰੀਤਿ ਸਦ ਸੋਭਾਵੰਤ॥		Prabh Kee Preeth Sadh Sobhaavanth ||	In the Love of God, one is eternally embellished.	ਪ੍ਰਭੂ ਦੀ ਪ੍ਰੀਤ ਦਾ ਸਦਕਾ (ਉਹ ਲੋਕ ਪਰਲੋਕ ਵਿਚ) ਸਦਾ ਸੋਭਾ-ਵਡਿਆਈ ਵਾਲਾ ਬਣਿਆ ਰਹਿੰਦਾ ਹੈ,
17999	391	ਪ੍ਰਭ ਕੀ ਪ੍ਰੀਤਿ ਸਭ ਮਿਟੀ ਹੈ ਚਿੰਤ॥੨॥	(ਚਿੰਤ) ਚਿੰਤਾ। ਮਿਟੀ: ਪੋਲਾ ਬੋਲੋ	Prabh Kee Preeth Sabh Mittee Hai Chinth ||2||	In the Love of God, all anxiety is ended. ||2||	ਪ੍ਰਭੂ ਦੀ ਪ੍ਰੀਤ ਦਾ ਸਦਕਾ ਉਸ ਦੀ ਹਰੇਕ ਕਿਸਮ ਦੀ ਚਿੰਤਾ ਮਿਟ ਜਾਂਦੀ ਹੈ ॥੨॥
18000	391	ਪ੍ਰਭ ਕੀ ਪ੍ਰੀਤਿ ਇਹੁ ਭਵਜਲੁ ਤਰੈ॥	(ਭਵਜਲੁ) ਸੰਸਾਰ ਸਮੁੰਦ੍ਰ	Prabh Kee Preeth Eihu Bhavajal Tharai ||	In the Love of God, one crosses over this terrible world-ocean.	ਹੇ ਮਿੱਤਰ! (ਜਿਸ ਮਨੁੱਖ ਦੇ ਹਿਰਦੇ ਵਿਚ) ਪਰਮਾਤਮਾ ਦੀ ਪ੍ਰੀਤਿ (ਆ ਵੱਸਦੀ ਹੈ) ਉਹ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ,
18001	391	ਪ੍ਰਭ ਕੀ ਪ੍ਰੀਤਿ ਜਮ ਤੇ ਨਹੀ ਡਰੈ॥		Prabh Kee Preeth Jam Thae Nehee Ddarai ||	In the Love of God, one does not fear death.	ਪ੍ਰਭੂ ਦੀ ਪ੍ਰੀਤ ਦਾ ਸਦਕਾ ਉਹ ਜਮ-ਦੂਤਾਂ ਤੋਂ ਭੈ ਨਹੀਂ ਖਾਂਦਾ (ਉਸ ਨੂੰ ਆਤਮਕ ਮੌਤ ਪੋਹ ਨਹੀਂ ਸਕਦੀ।
18002	391	ਪ੍ਰਭ ਕੀ ਪ੍ਰੀਤਿ ਸਗਲ ਉਧਾਰੈ॥		Prabh Kee Preeth Sagal Oudhhaarai ||	In the Love of God, all are saved.	ਪ੍ਰਭੂ ਦੀ ਪ੍ਰੀਤ ਦਾ ਸਦਕਾ ਉਹ ਆਪ ਵਿਕਾਰਾਂ ਤੋਂ ਬਚਿਆ ਰਹਿੰਦਾ ਹੈ ਤੇ) ਹੋਰ ਸਭਨਾਂ ਨੂੰ (ਵਿਕਾਰਾਂ ਤੋਂ) ਬਚਾ ਲੈਂਦਾ ਹੈ।
18003	391	ਪ੍ਰਭ ਕੀ ਪ੍ਰੀਤਿ ਚਲੈ ਸੰਗਾਰੈ॥੩॥	(ਸੰਗਾਰੈ) ਨਾਲ	Prabh Kee Preeth Chalai Sangaarai ||3||	The Love of God shall go along with you. ||3||	(ਹੇ ਮਿੱਤਰ!) ਪਰਮਾਤਮਾ ਦੀ ਪ੍ਰੀਤਿ (ਹੀ ਇਕ ਐਸੀ ਰਾਸਿ-ਪੂੰਜੀ ਹੈ ਜੋ) ਸਦਾ ਮਨੁੱਖ ਦੇ ਨਾਲ ਸਾਥ ਕਰਦੀ ਹੈ ॥੩॥

18004	391	ਆਪਹੁ ਕੋਈ ਮਿਲੈ ਨ ਭੂਲੈ॥	ਭੂਲਨਹਾਰ ਜੀਵ ਸਦਾ (ਭੂਲੈ) ਭੁੱਲਦਾ ਦੀ ਹੈ, (ਆਪਹੁ) ਆਪਣੇ ਆਪ ਹਰਿ ਜੀ ਨੂੰ ਮਿਲ ਨਹੀਂ ਸਕਦਾ	Aapahu Koee Milai N Bhoolai ||	By himself, no one is united, and no one goes astray.	(ਪਰ, ਹੇ ਮਿੱਤਰ! ਪਰਮਾਤਮਾ ਨਾਲ ਪ੍ਰੀਤਿ ਜੋੜਨੀ ਕਿਸੇ ਮਨੁੱਖ ਦੇ ਆਪਣੇ ਵੱਸ ਦੀ ਗੱਲ ਨਹੀਂ) ਆਪਣੇ ਉੱਦਮ ਨਾਲ ਨਾਹ ਕੋਈ ਮਨੁੱਖ (ਪਰਮਾਤਮਾ ਦੇ ਚਰਨਾਂ ਵਿਚ) ਜੁੜਿਆ ਰਹਿ ਸਕਦਾ ਹੈ ਤੇ ਨਾਹ ਕੋਈ (ਵਿਛੁੜ ਕੇ) ਕੁਰਾਹੇ ਪੈਂਦਾ ਹੈ।
18005	391	ਜਿਸੁ ਕ੍ਰਿਪਾਲੁ ਤਿਸੁ ਸਾਧਸੰਗਿ ਘੂਲੈ॥	(ਘੂਲੈ) ਮਿਲਦਾ	Jis Kirapaal This Saadhhasang Ghoolai ||	One who is blessed by God's Mercy, joins the Saadh Sangat, the Company of the Holy.	ਜਿਸ ਮਨੁੱਖ ਉੱਤੇ ਪ੍ਰਭੂ ਦਇਆਵਾਨ ਹੁੰਦਾ ਹੈ ਉਸ ਨੂੰ ਸਾਧ ਸੰਗਤਿ ਵਿਚ ਮਿਲਾਂਦਾ ਹੈ (ਤੇ, ਸਾਧ ਸੰਗਤਿ ਵਿਚ ਟਿਕ ਕੇ ਉਹ ਪਰਮਾਤਮਾ ਨਾਲ ਪਿਆਰ ਪਾਣਾ ਸਿੱਖ ਲੈਂਦਾ ਹੈ)।
18006	391	ਕਹੁ ਨਾਨਕ ਤੇਰੈ ਕੁਰਬਾਣੁ॥		Kahu Naanak Thaerai Kurabaan ||	Says Nanak, I am a sacrifice to You.	ਨਾਨਕ ਆਖਦਾ ਹੈ- ਮੈਂ ਤੈਥੋਂ ਕੁਰਬਾਨ ਜਾਂਦਾ ਹਾਂ,
18007	391	ਸੰਤ ਓਟ ਪ੍ਰਭ ਤੇਰਾ ਤਾਣੁ॥੪॥੩੪॥੮੫॥	(ਤਾਣੁ) ਬਲ	Santh Outt Prabh Thaeraa Thaan ||4||34||85||	O God, You are the Support and the Strength of the Saints. ||4||34||85||	ਹੇ ਪ੍ਰਭੂ!ਤੂੰ ਹੀ ਸੰਤਾਂ ਦੀ ਓਟ ਹੈਂ ਤੂੰ ਹੀ ਸੰਤਾਂ ਦਾ ਤਾਣ-ਬਲ ਹੈਂ ॥੪॥੩੪॥੮੫॥
18008	391	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

18009	391	ਭੂਪਤਿ ਹੋਇ ਕੈ ਰਾਜੁ ਕਮਾਇਆ॥	(ਭੂਪਤਿ) ਰਾਜਾ	Bhoopath Hoe Kai Raaj Kamaaeiaa ||	Becoming a king, the mortal wields his royal authority;	(ਹੇ ਭਾਈ! ਜੇ ਕਿਸੇ ਨੇ) ਰਾਜਾ ਬਣ ਕੇ ਰਾਜ (ਦਾ ਅਨੰਦ ਭੀ) ਮਾਣ ਲਿਆ,
18010	391	ਕਰਿ ਕਰਿ ਅਨਰਥ ਵਿਹਾਝੀ ਮਾਇਆ॥	(ਅ-ਨਰਥ) ਜ਼ੋਰ ਜ਼ੁਲਮ। (ਵਿਹਾਝੀ) ਇਕੱਠੀ ਕੀਤੀ	Kar Kar Anarathh Vihaajhee Maaeiaa ||	Oppressing the people, he gathers wealth.	(ਲੋਕਾਂ ਉਤੇ) ਵਧੀਕੀਆਂ ਕਰ ਕਰ ਕੇ ਮਾਲ-ਧਨ ਭੀ ਜੋੜ ਲਿਆ,
18011	392	ਸੰਚਤ ਸੰਚਤ ਥੈਲੀ ਕੀਨ੍ਹੀ॥	(ਸੰਚਤ) ਇਕੱਠੀ ਕਰਕੇ। (ਥੈਲੀ) ਖਜ਼ਾਨਾ	Sanchath Sanchath Thhailee Keenhee ||	Gathering it and collecting it, he fills his bags.	ਜੋੜਦਿਆਂ ਜੋੜਦਿਆਂ (ਜੇ ਉਸ ਨੇ) ਖ਼ਜ਼ਾਨਾ (ਭੀ) ਬਣਾ ਲਿਆ,
18012	392	ਪ੍ਰਭਿ ਉਸ ਤੇ ਡਾਰਿ ਅਵਰ ਕਉ ਦੀਨ੍ਹੀ॥੧॥	(ਡਾਰਿ) ਸੁਟਾ ਕੇ	Prabh Ous Thae Ddaar Avar Ko Dheenhee ||1||	But God takes it away from him, and gives it to another. ||1||	(ਤਾਂ ਭੀ ਕੀਹ ਹੋਇਆ?) ਪਰਮਾਤਮਾ ਨੇ (ਆਖ਼ਰ) ਉਸ ਪਾਸੋਂ ਖੋਹ ਕੇ ਕਿਸੇ ਹੋਰ ਨੂੰ ਦੇ ਦਿੱਤਾ (ਮੌਤ ਵੇਲੇ ਉਹ ਆਪਣੇ ਨਾਲ ਤਾਂ ਨਾਹ ਲੈ ਜਾ ਸਕਿਆ) ॥੧॥
18013	392	ਕਾਚ ਗਗਰੀਆ ਅੰਭ ਮਝਰੀਆ॥	(ਕਾਚ) ਕੱਚੀ (ਗਗਰੀ-ਆ) ਗਾਗਰ। (ਅੰਭ) ਪਾਣੀ। ਮ-ਝਰੀਆ:ਪੋਲਾ ਬੋਲੋ। (ਮ-ਝਰੀਆ) ਵਿੱਚ	Kaach Gagareeaa Anbh Majhareeaa ||	The mortal is like an unbaked clay pot in water;	(ਹੇ ਭਾਈ! ਇਹ ਮਨੁੱਖਾ ਸਰੀਰ ਪਾਣੀ ਵਿਚ ਪਈ ਹੋਈ) ਕੱਚੀ ਮਿੱਟੀ ਦੀ ਗਾਗਰ (ਵਾਂਗ ਹੈ ਜੋ ਹਵਾ ਨਾਲ ਉਛਲ-ਉਛਲ ਕੇ) ਪਾਣੀ ਵਿਚ ਹੀ (ਗਲ ਜਾਂਦੀ ਹੈ।
18014	392	ਗਰਬਿ ਗਰਬਿ ਉਆਹੂ ਮਹਿ ਪਰੀਆ॥੧॥ਰਹਾਉ ॥		Garab Garab Ouaahoo Mehi Pareeaa ||1|| Rehaao ||	Indulging in pride and egotism, he crumbles down and dissolves. ||1||Pause||	ਇਸੇ ਤਰ੍ਹਾਂ ਮਨੁੱਖ) ਅਹੰਕਾਰ ਕਰ ਕਰ ਕੇ ਉਸੇ (ਸੰਸਾਰ-ਸਮੁੰਦਰ) ਵਿਚ ਹੀ ਡੁੱਬ ਜਾਂਦਾ ਹੈ (ਆਪਣਾ ਆਤਮਕ ਜੀਵਨ ਗ਼ਰਕ ਕਰ ਲੈਂਦਾ ਹੈ) ॥੧॥ ਰਹਾਉ ॥

18015	392	ਨਿਰਭਉ ਹੋਇਓ ਭਇਆ ਨਿਹੰਗਾ॥	(ਨਿਹੰਗਾ) ਨਿੱਡਰ	Nirabho Hoeiou Bhaeiaa Nihangaa ||	Being fearless, he becomes unrestrained.	(ਹੇ ਭਾਈ! ਰਾਜ ਦੇ ਮਾਣ ਵਿਚ ਜੇ ਉਹ ਮੌਤ ਵਲੋਂ) ਨਿਡਰ ਹੋ ਗਿਆ ਨਿਧੜਕ ਹੋ ਗਿਆ,
18016	392	ਚੀਤਿ ਨ ਆਇਓ ਕਰਤਾ ਸੰਗਾ॥		Cheeth N Aaeiou Karathaa Sangaa ||	He does not think of the Creator, who is ever with him.	(ਜੇ ਉਸ ਨੂੰ) ਹਰ ਵੇਲੇ ਨਾਲ-ਵੱਸਦਾ ਕਰਤਾਰ ਕਦੇ ਯਾਦ ਨਾਹ ਆਇਆ,
18017	392	ਲਸਕਰ ਜੋੜੇ ਕੀਆ ਸੰਬਾਹਾ॥	(ਜੋੜੇ) ਜੋੜ ਕੇ (ਸੰਬਾਹਾ) ਇਕੱਠ	Lasakar Jorrae Keeaa Sanbaahaa ||	He raises armies, and collects arms.	(ਜੇ ਉਸ ਨੇ) ਫ਼ੌਜਾਂ ਜਮ੍ਹਾਂ ਕਰ ਕਰ ਕੇ ਬੜਾ ਲਸ਼ਕਰ ਬਣਾ ਲਿਆ (ਤਾਂ ਭੀ ਕੀਹ ਹੋਇਆ?)
18018	392	ਨਿਕਸਿਆ ਫੂਕ ਤ ਹੋਇ ਗਇਓ ਸੁਆਹਾ॥੨॥	(ਫੂਕ) ਸੁਆਸ	Nikasiaa Fook Th Hoe Gaeiou Suaahaa ||2||	But when the breath leaves him, he turns to ashes. ||2||	ਜਦੋਂ (ਅੰਤ ਵੇਲੇ) ਉਸ ਦੇ ਸੁਆਸ ਨਿਕਲ ਗਏ ਤਾਂ (ਉਸ ਦਾ ਸਰੀਰ) ਮਿੱਟੀ ਹੋ ਗਿਆ ॥੨॥
18019	392	ਊਚੇ ਮੰਦਰ ਮਹਲ ਅਰੁ ਰਾਨੀ॥		Oochae Mandhar Mehal Ar Raanee ||	He has lofty palaces, mansions and queens,	(ਹੇ ਭਾਈ! ਜੇ ਉਸ ਨੂੰ) ਉੱਚੇ ਮਹਲ ਮਾੜੀਆਂ (ਰਹਿਣ ਲਈ ਮਿਲ ਗਏ) ਅਤੇ (ਸੁੰਦਰ) ਰਾਣੀ (ਮਿਲ ਗਈ।)
18020	392	ਹਸਤਿ ਘੋੜੇ ਜੋੜੇ ਮਨਿ ਭਾਨੀ॥	ਭਾਨੀ:ਪੋਲਾ ਬੋਲੋ। (ਭਾਨੀ)ਭਾਉਂਦੇ। (ਜੋੜੇ) ਇਕੱਠੇ ਕੀਤੇ	Hasath Ghorrae Jorrae Man Bhaanee ||	Elephants and pairs of horses, delighting the mind;	(ਜੇ ਉਸ ਨੇ) ਹਾਥੀ ਘੋੜੇ (ਵਧੀਆ) ਮਨ-ਭਾਉਂਦੇ ਕੱਪੜੇ (ਇਕੱਠੇ ਕਰ ਲਏ।
18021	392	ਵਡ ਪਰਵਾਰੁ ਪੂਤ ਅਰੁ ਧੀਆ॥		Vadd Paravaar Pooth Ar Dhheeaa ||	He is blessed with a great family of sons and daughters.	ਜੇ ਉਹ) ਪੁੱਤਰਾਂ ਧੀਆਂ ਵਾਲਾ ਵੱਡੇ ਪਰਵਾਰ ਵਾਲਾ ਬਣ ਗਿਆ,
18022	392	ਮੋਹਿ ਪਚੇ ਪਚਿ ਅੰਧਾ ਮੂਆ॥੩॥		Mohi Pachae Pach Andhhaa Mooaa ||3||	But, engrossed in attachment, the blind fool wastes away to death. ||3||	ਤਾਂ ਭੀ ਤਾਂ (ਮਾਇਆ ਦੇ) ਮੋਹ ਵਿਚ ਖ਼ੁਆਰ ਹੋ ਹੋ ਕੇ (ਉਹ ਮਾਇਆ ਦੇ) ਮੋਹ ਵਿਚ (ਅੰਨ੍ਹਾ ਹੋਇਆ ਹੋਇਆ) ਆਤਮਕ ਮੌਤ ਹੀ ਸਹੇੜ ਬੈਠਾ ॥੩॥

18023	392	ਜਿਨਹਿ ਉਪਾਹਾ ਤਿਨਹਿ ਬਿਨਾਹਾ॥	(ਬਿਨਾਹਾ) ਨਾਸ ਕੀਤਾ	Jinehi Oupaahaa Thinehi Binaahaa ||	The One who created him destroys him.	(ਹੇ ਭਾਈ!) ਜਿਸ ਪਰਮਾਤਮਾ ਨੇ (ਉਸ ਨੂੰ) ਪੈਦਾ ਕੀਤਾ ਸੀ ਉਸੇ ਨੇ ਉਸ ਨੂੰ ਨਾਸ ਭੀ ਕਰ ਦਿੱਤਾ,
18024	392	ਰੰਗ ਰਸਾ ਜੈਸੇ ਸੁਪਨਾਹਾ॥		Rang Rasaa Jaisae Supanaahaa ||	Enjoyments and pleasures are like just a dream.	ਉਸ ਦੇ ਮਾਣੇ ਹੋਏ ਰੰਗ-ਤਮਾਸ਼ੇ ਤੇ ਮੌਜ ਮੇਲੇ ਸੁਪਨੇ ਵਾਂਗ ਹੋ ਗਏ।
18025	392	ਸੋਈ ਮੁਕਤਾ ਤਿਸੁ ਰਾਜੁ ਮਾਲੁ॥		Soee Mukathaa This Raaj Maal ||	He alone is liberated, and possesses regal power and wealth,	ਉਹੀ ਮਨੁੱਖ (ਮਾਇਆ ਦੇ ਮੋਹ ਤੋਂ) ਬਚਿਆ ਰਹਿੰਦਾ ਹੈ ਉਸ ਦੇ ਪਾਸ (ਸਦਾ ਕਾਇਮ ਰਹਿਣ ਵਾਲਾ) ਰਾਜ ਤੇ ਧਨ ਹੈ,
18026	392	ਨਾਨਕ ਦਾਸ ਜਿਸੁ ਖਸਮੁ ਦਇਆਲੁ॥੪॥੩੫॥ ੮੬॥		Naanak Dhaas Jis Khasam Dhaeiaal ||4||35||86||	O Nanak, whom the Lord Master blesses with His Mercy. ||4||35||86||	ਹੇ ਦਾਸ ਨਾਨਕ! (ਆਖ-) ਜਿਸ ਉੱਤੇ ਖਸਮ ਪ੍ਰਭੂ ਦਇਆਵਾਨ ਹੁੰਦਾ ਹੈ (ਤੇ ਜਿਸ ਨੂੰ ਆਪਣੇ ਨਾਮ ਦਾ ਖ਼ਜ਼ਾਨਾ ਬਖ਼ਸ਼ਦਾ ਹੈ) ॥੪॥੩੫॥੮੬॥
18027	392	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18028	392	ਇਨ੍ ਸਿਉ ਪ੍ਰੀਤਿ ਕਰੀ ਘਨੇਰੀ॥		Einh Sio Preeth Karee Ghanaeree ||	The mortal is in love with this,	(ਹੇ ਭਾਈ!) ਜੇ ਇਸ (ਮਾਇਆ) ਨਾਲ ਬਹੁਤੀ ਪ੍ਰੀਤਿ ਕਰੀਏ,
18029	392	ਜਉ ਮਿਲੀਐ ਤਉ ਵਧੈ ਵਧੇਰੀ॥		Jo Mileeai Tho Vadhhai Vadhhaeree ||	But the more he has, the more he longs for more.	ਤਾਂ ਜਿਉਂ ਜਿਉਂ ਇਸ ਨਾਲ ਸਾਥ ਬਣਾਈਦਾ ਹੈ, ਤਿਉਂ ਤਿਉਂ ਇਸ ਨਾਲ ਮੋਹ ਵਧਦਾ ਜਾਂਦਾ ਹੈ।

18030	392	ਗਲਿ ਚਮੜੀ ਜਉ ਛੋਡੈ ਨਾਹੀ॥	(ਚਮੜੀ) ਚੰਬੜੀ। ਗਲ਼ਿ: ਪੋਲਾ ਬੋਲੋ	Gal Chamarree Jo Shhoddai Naahee ||	It hangs around his neck, and does not leave him.	(ਆਖ਼ਰ) ਜਦੋਂ ਇਹ ਗਲ ਨਾਲ ਚੰਬੜੀ ਹੋਈ ਛੱਡਦੀ ਹੀ ਨਹੀਂ,
18031	392	ਲਾਗਿ ਛੁਟੋ ਸਤਿਗੁਰ ਕੀ ਪਾਈ॥੧॥		Laag Shhutto Sathigur Kee Paaee ||1||	But falling at the feet of the True Guru, he is saved. ||1||	ਤਦੋਂ ਸਤਿਗੁਰੂ ਦੀ ਚਰਨੀਂ ਲੱਗ ਕੇ ਹੀ ਇਸ ਤੋਂ ਖ਼ਲਾਸੀ ਪਾਈਦੀ ਹੈ ॥੧॥
18032	392	ਜਗ ਮੋਹਨੀ ਹਮ ਤਿਆਗਿ ਗਵਾਈ॥		Jag Mohanee Ham Thiaag Gavaaee ||	I have renounced and discarded Maya, the Enticer of the world.	(ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਦੋਂ ਤੋਂ) ਮੈਂ ਸਾਰੇ ਜਗਤ ਨੂੰ ਮੋਹਣ ਵਾਲੀ ਮਾਇਆ (ਦੇ ਮੋਹ) ਨੂੰ ਤਿਆਗ ਕੇ ਪਰੇ ਸੁੱਟ ਦਿੱਤਾ ਹੈ,
18033	392	ਨਿਰਗੁਨੁ ਮਿਲਿਓ ਵਜੀ ਵਧਾਈ॥੧॥ਰਹਾਉ॥		Niragun Miliou Vajee Vadhhaaee ||1|| Rehaao ||	I have met the Absolute Lord, and congratulations are pouring in. ||1||Pause||	ਮੈਨੂੰ ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਤੋਂ ਉਤਾਂਹ ਰਹਿਣ ਵਾਲਾ ਪਰਮਾਤਮਾ ਮਿਲਿਆ ਹੈ ਮੇਰੇ ਅੰਦਰ ਉਤਸ਼ਾਹ-ਭਰੀ ਅਵਸਥਾ ਪ੍ਰਬਲ ਹੋ ਗਈ ਹੈ ॥੧॥ ਰਹਾਉ ॥
18034	392	ਐਸੀ ਸੁੰਦਰਿ ਮਨ ਕਉ ਮੋਹੈ॥		Aisee Sundhar Man Ko Mohai ||	She is so beautiful, she captivates the mind.	(ਹੇ ਭਾਈ! ਇਹ ਮਾਇਆ) ਐਸੀ ਸੋਹਣੀ ਹੈ ਕਿ (ਮਨੁੱਖ ਦੇ) ਮਨ ਨੂੰ (ਤੁਰਤ) ਮੋਹ ਲੈਂਦੀ ਹੈ।
18035	392	ਬਾਟਿ ਘਾਟਿ ਗ੍ਰਿਹਿ ਬਨਿ ਬਨਿ ਜੋਹੈ॥	(ਜੋਹੈ) ਤੱਕੇ	Baatt Ghaatt Grihi Ban Ban Johai ||	On the road, and the beach, at home, in the forest and in the wilderness, she touches us.	ਰਸਤੇ ਵਿਚ (ਤੁਰਦਿਆਂ) ਪੱਤਣ ਉਤੇ (ਲੰਘਦਿਆਂ) ਘਰ ਵਿਚ (ਬੈਠਿਆਂ) ਜੰਗਲ ਜੰਗਲ ਵਿਚ (ਭੌਂਦਿਆਂ ਇਹ ਮਨ ਨੂੰ ਮੋਹਣ ਵਾਸਤੇ) ਤੱਕ ਲਾਈ ਰੱਖਦੀ ਹੈ।

18036	392	ਮਨਿ ਤਨਿ ਲਾਗੈ ਹੋਇ ਕੈ ਮੀਠੀ॥		Man Than Laagai Hoe Kai Meethee ||	She seems so sweet to the mind and body.	ਮਿੱਠੀ ਬਣ ਕੇ ਇਹ ਮਨ ਵਿਚ ਤਨ ਵਿਚ ਆ ਚੰਬੜਦੀ ਹੈ।
18037	392	ਗੁਰ ਪ੍ਰਸਾਦਿ ਮੈ ਖੋਟੀ ਡੀਠੀ॥੨॥		Gur Prasaadh Mai Khottee Ddeethee ||2||	But by Guru's Grace, I have seen her to be deceptive. ||2||	ਪਰ ਮੈਂ ਗੁਰੂ ਦੀ ਕਿਰਪਾ ਨਾਲ ਵੇਖ ਲਿਆ ਹੈ ਕਿ ਇਹ ਬੜੀ ਖੋਟੀ ਹੈ ॥੨॥
18038	392	ਅਗਰਕ ਉਸ ਕੇ ਵਡੇ ਠਗਾਊ॥	ਮਾਇਆ ਦੇ (ਅਗ-ਰਕ) ਆਗੂ ਕਾਮਾਦਿਕ	Agarak Ous Kae Vaddae Thagaaoo ||	Her courtiers are also great deceivers.	(ਹੇ ਭਾਈ! ਕਾਮਾਦਿਕ) ਉਸ ਮਾਇਆ ਦੇ ਮੁਸਾਹਬ (ਵੀ) ਵੱਡੇ ਠੱਗ ਹਨ,
18039	392	ਛੋਡਹਿ ਨਾਹੀ ਬਾਪ ਨ ਮਾਊ॥		Shhoddehi Naahee Baap N Maaoo ||	They do not spare even their fathers or mothers.	ਮਾਂ ਹੋਵੇ ਪਿਉ ਹੋਵੇ ਕਿਸੇ ਨੂੰ ਠੱਗਣੋਂ ਛੱਡਦੇ ਨਹੀਂ।
18040	392	ਮੇਲੀ ਅਪਨੇ ਉਨਿ ਲੇ ਬਾਂਧੇ॥		Maelee Apanae Oun Lae Baandhhae ||	They have enslaved their companions.	ਜਿਨ੍ਹਾਂ ਜਿਨ੍ਹਾਂ ਨੇ ਇਹਨਾਂ ਨਾਲ ਮੇਲ-ਮੁਲਾਕਾਤ ਪਾਈ, ਉਹਨਾਂ ਨੂੰ ਇਹਨਾਂ ਮੁਸਾਹਬਾਂ ਨੇ ਚੰਗੀ ਤਰ੍ਹਾਂ ਬੰਨ੍ਹ ਲਿਆ,
18041	392	ਗੁਰ ਕਿਰਪਾ ਤੇ ਮੈ ਸਗਲੇ ਸਾਧੇ॥੩॥	ਸਾੱਧੇ	Gur Kirapaa Thae Mai Sagalae Saadhhae ||3||	By Guru's Grace, I have subjugated them all. ||3||	ਪਰ ਮੈਂ ਗੁਰੂ ਦੀ ਕਿਰਪਾ ਨਾਲ ਇਹਨਾਂ ਸਾਰਿਆਂ ਨੂੰ ਕਾਬੂ ਕਰ ਲਿਆ ਹੈ ॥੩॥
18042	392	ਅਬ ਮੋਰੈ ਮਨਿ ਭਇਆ ਅਨੰਦ॥		Ab Morai Man Bhaeiaa Anandh ||	Now, my mind is filled with bliss;	ਹੁਣ ਮੇਰੇ ਮਨ ਵਿਚ ਆਤਮਕ ਆਨੰਦ ਬਣਿਆ ਰਹਿੰਦਾ ਹੈ।
18043	392	ਭਉ ਚੂਕਾ ਟੂਟੇ ਸਭਿ ਫੰਦ॥	(ਫੰਦ) ਫਾਹੇ	Bho Chookaa Ttoottae Sabh Fandh ||	My fear is gone, and the noose is cut away.	(ਮੇਰੇ ਅੰਦਰੋਂ ਇਹਨਾਂ ਕਾਮਾਦਿਕ ਮੁਸਾਹਬਾਂ ਦਾ) ਡਰ-ਭਉ ਲਹਿ ਗਿਆ ਹੈ ਇਹਨਾਂ ਦੇ ਪਾਏ ਹੋਏ ਸਾਰੇ ਫਾਹੇ ਟੁਟ ਗਏ ਹਨ।

18044	392	ਕਹੁ ਨਾਨਕ ਜਾ ਸਤਿਗੁਰੁ ਪਾਇਆ॥		Kahu Naanak Jaa Sathigur Paaeiaa ||	Says Nanak, when I met the True Guru,	ਹੇ ਨਾਨਕ! ਜਦੋਂ ਦਾ ਮੈਨੂੰ ਸਤਿਗੁਰੂ ਮਿਲ ਪਿਆ ਹੈ,
18045	392	ਘਰੁ ਸਗਲਾ ਮੈ ਸੁਖੀ ਬਸਾਇਆ॥੪॥੩੬॥੮੭॥		Ghar Sagalaa Mai Sukhee Basaaeiaa ||4||36||87||	I came to dwell within my home in absolute peace. ||4||36||87||	ਤਦੋਂ ਤੋਂ ਮੈਂ ਆਪਣਾ ਸਾਰਾ ਘਰ ਸੁਖੀ ਵਸਾ ਲਿਆ ਹੈ (ਮੇਰੇ ਸਾਰੇ ਗਿਆਨ-ਇੰਦ੍ਰਿਆਂ ਵਾਲਾ ਪਰਵਾਰ ਇਹਨਾਂ ਦੀ ਮਾਰ ਤੋਂ ਬਚ ਕੇ ਆਤਮਕ ਆਨੰਦ ਮਾਣ ਰਿਹਾ ਹੈ) ॥੪॥੩੬॥੮੭॥
18046	392	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18047	392	ਆਠ ਪਹਰ ਨਿਕਟਿ ਕਰਿ ਜਾਨੈ॥		Aath Pehar Nikatt Kar Jaanai ||	Twenty-four hours a day, he knows the Lord to be near at hand;	ਪਰਮਾਤਮਾ ਦਾ ਭਗਤ ਪਰਮਾਤਮਾ ਨੂੰ ਅੱਠੇ ਪਹਿਰ ਆਪਣੇ ਨੇੜੇ ਵੱਸਦਾ ਸਮਝਦਾ ਹੈ,
18048	392	ਪ੍ਰਭ ਕਾ ਕੀਆ ਮੀਠਾ ਮਾਨੈ॥		Prabh Kaa Keeaa Meethaa Maanai ||	He surrenders to the Sweet Will of God.	ਜੋ ਕੁਝ ਪਰਮਾਤਮਾ ਕਰਦਾ ਹੈ ਉਸ ਨੂੰ ਮਿੱਠਾ ਕਰ ਕੇ ਮੰਨਦਾ ਹੈ।
18049	392	ਏਕੁ ਨਾਮੁ ਸੰਤਨ ਆਧਾਰੁ॥		Eaek Naam Santhan Aadhhaar ||	The One Name is the Support of the Saints;	(ਹੇ ਵੀਰ!) ਪਰਮਾਤਮਾ ਦਾ ਨਾਮ ਹੀ ਸੰਤ ਜਨਾਂ (ਦੀ ਜ਼ਿੰਦਗੀ) ਦਾ ਆਸਰਾ (ਬਣਿਆ ਰਹਿੰਦਾ) ਹੈ।
18050	392	ਹੋਇ ਰਹੇ ਸਭ ਕੀ ਪਗ ਛਾਰੁ॥੧॥	ਪਗ:ਪੋਲਾ ਬੋਲੋ। (ਪਗ) ਚਰਨ (ਛਾਰੁ) ਧੂੜ	Hoe Rehae Sabh Kee Pag Shhaar ||1||	They remain the dust of the feet of all. ||1||	ਸੰਤ ਜਨ ਸਭਨਾਂ ਦੇ ਪੈਰਾਂ ਦੀ ਧੂੜ ਬਣੇ ਰਹਿੰਦੇ ਹਨ ॥੧॥

18051	392	ਸੰਤ ਰਹਤ ਸੁਨਹੁ ਮੇਰੇ ਭਾਈ॥		Santh Rehath Sunahu Maerae Bhaaee ||	Listen, to the way of life of the Saints, O my Siblings of Destiny;	ਹੇ ਮੇਰੇ ਵੀਰ! (ਪਰਮਾਤਮਾ ਦੇ) ਸੰਤ ਦੀ ਜੀਵਨ-ਜੁਗਤੀ ਸੁਣ,
18052	392	ਉਆ ਕੀ ਮਹਿਮਾ ਕਥਨੁ ਨ ਜਾਈ॥੧॥ਰਹਾਉ॥		Ouaa Kee Mehimaa Kathhan N Jaaee ||1|| Rehaao ||	Their praises cannot be described. ||1||Pause||	(ਉਸ ਦਾ ਜੀਵਨ ਇਤਨਾ ਉੱਚਾ ਹੈ ਕਿ) ਉਸ ਦਾ ਵਡੱਪਣ ਬਿਆਨ ਨਹੀਂ ਕੀਤਾ ਜਾ ਸਕਦਾ ॥੧॥ ਰਹਾਉ ॥
18053	392	ਵਰਤਣਿ ਜਾ ਕੈ ਕੇਵਲ ਨਾਮ॥		Varathan Jaa Kai Kaeval Naam ||	Their occupation is the Naam, the Name of the Lord.	(ਹੇ ਭਾਈ! ਸੰਤ ਉਹ ਹੈ) ਜਿਸ ਦੇ ਹਿਰਦੇ ਵਿਚ ਸਿਰਫ਼ ਹਰਿ ਸਿਮਰਨ ਦਾ ਹੀ ਆਹਰ ਟਿਕਿਆ ਰਹਿੰਦਾ ਹੈ,
18054	392	ਅਨਦ ਰੂਪ ਕੀਰਤਨੁ ਬਿਸ੍ਰਾਮ॥	(ਬਿਸ੍ਰਾਮ) ਸਹਾਰਾ	Anadh Roop Keerathan Bisraam ||	The Kirtan, the Praise of the Lord, the embodiment of bliss, is their rest.	ਸਦਾ ਆਨੰਦ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਹੀ (ਸੰਤ ਦੀ ਜ਼ਿੰਦਗੀ ਦਾ) ਸਹਾਰਾ ਹੈ।
18055	392	ਮਿਤ੍ਰ ਸਤ੍ਰੁ ਜਾ ਕੈ ਏਕ ਸਮਾਨੈ॥		Mithr Sathra Jaa Kai Eaek Samaanai ||	Friends and enemies are one and the same to them.	(ਹੇ ਭਾਈ! ਸੰਤ ਉਹ ਹੈ) ਜਿਸ ਦੇ ਮਨ ਵਿਚ ਮਿੱਤਰ ਤੇ ਵੈਰੀ ਇਕੋ ਜਿਹੇ (ਮਿੱਤਰ ਹੀ) ਲੱਗਦੇ ਹਨ,
18056	392	ਪ੍ਰਭ ਅਪੁਨੇ ਬਿਨੁ ਅਵਰੁ ਨ ਜਾਨੈ॥੨॥		Prabh Apunae Bin Avar N Jaanai ||2||	They know of no other than God. ||2||	(ਕਿਉਂਕਿ ਸੰਤ ਸਭ ਜੀਵਾਂ ਵਿਚ) ਆਪਣੇ ਪ੍ਰਭੂ ਤੋਂ ਬਿਨਾ ਕਿਸੇ ਹੋਰ ਨੂੰ (ਵੱਸਦਾ) ਨਹੀਂ ਸਮਝਦਾ ॥੨॥

18057	392	ਕੋਟਿ ਕੋਟਿ ਅਘ ਕਾਟਨਹਾਰਾ॥	ਅਘ:ਪੋਲਾ ਬੋਲੋ। (ਅਘ) ਪਾਪ	Kott Kott Agh Kaattanehaaraa ||	They erase millions upon millions of sins.	(ਹੇ ਭਾਈ! ਪਰਮਾਤਮਾ ਦਾ ਸੰਤ ਹੋਰਨਾਂ ਦੇ) ਕ੍ਰੋੜਾਂ ਹੀ ਪਾਪ ਦੂਰ ਕਰਨ ਦੀ ਤਾਕਤ ਰੱਖਦਾ ਹੈ।
18058	392	ਦੁਖ ਦੂਰਿ ਕਰਨ ਜੀਅ ਕੇ ਦਾਤਾਰਾ॥		Dhukh Dhoor Karan Jeea Kae Dhaathaaraa ||	They dispel suffering; they are givers of the life of the soul.	(ਹੇ ਭਾਈ!) ਪਰਮਾਤਮਾ ਦੇ ਸੰਤ (ਦੂਜਿਆਂ ਦੇ) ਦੁੱਖ ਦੂਰ ਕਰਨ ਜੋਗੇ ਹੋ ਜਾਂਦੇ ਹਨ ਉਹ (ਲੋਕਾਂ ਨੂੰ) ਆਤਮਕ ਜੀਵਨ ਦੇਣ ਦੀ ਸਮਰਥਾ ਰੱਖਦੇ ਹਨ।
18059	392	ਸੂਰਬੀਰ ਬਚਨ ਕੇ ਬਲੀ॥		Soorabeer Bachan Kae Balee ||	They are so brave; they are men of their word.	(ਪ੍ਰਭੂ ਦੇ ਸੰਤ ਵਿਕਾਰਾਂ ਦੇ ਟਾਕਰੇ ਤੇ) ਸੂਰਮੇ ਹੁੰਦੇ ਹਨ, ਕੀਤੇ ਬਚਨਾਂ ਦੀ ਪਾਲਣਾ ਕਰਦੇ ਹਨ।
18060	392	ਕਉਲਾ ਬਪੁਰੀ ਸੰਤੀ ਛਲੀ॥੩॥	ਕਉਲਾ:ਪੋਲਾ ਬੋਲੋ। (ਕਉਲਾ) ਮਾਇਆ। (ਬੱਪੁਰੀ) ਵਿਚਾਰੀ। ਸੰਤੀਂ	Koulaa Bapuree Santhee Shhalee ||3||	The Saints have enticed Maya herself. ||3||	(ਸੰਤਾਂ ਦੀ ਨਿਗਾਹ ਵਿਚ ਇਹ ਮਾਇਆ ਭੀ ਨਿਮਾਣੀ ਜਿਹੀ ਜਾਪਦੀ ਹੈ) ਇਸ ਨਿਮਾਣੀ ਮਾਇਆ ਨੂੰ ਸੰਤਾਂ ਨੇ ਆਪਣੇ ਵੱਸ ਵਿਚ ਕਰ ਲਿਆ ਹੁੰਦਾ ਹੈ ॥੩॥
18061	392	ਤਾ ਕਾ ਸੰਗੁ ਬਾਛਹਿ ਸੁਰਦੇਵ॥	(ਬਾਛਹਿ) ਚਾਹੁੰਦੇ। (ਸੁਰਦੇਵ) ਇੰਦ੍ਰ ਆਦਿ ਦੇਵਤੇ	Thaa Kaa Sang Baashhehi Suradhaev ||	Their company is cherished even by the gods and the angels.	(ਹੇ ਭਾਈ!) ਪਰਮਾਤਮਾ ਦੇ ਸੰਤ ਦਾ ਮਿਲਾਪ ਆਕਾਸ਼ੀ ਦੇਵਤੇ ਭੀ ਲੋੜਦੇ ਰਹਿੰਦੇ ਹਨ।
18062	392	ਅਮੋਘ ਦਰਸੁ ਸਫਲ ਜਾ ਕੀ ਸੇਵ॥	(ਅਮੋਘ) ਖਾਲੀ ਨ ਜਾਣ ਵਾਲਾ	Amogh Dharas Safal Jaa Kee Saev ||	Blessed is their Darshan, and fruitful is their service.	ਸੰਤ ਦਾ ਦਰਸ਼ਨ ਵਿਅਰਥ ਨਹੀਂ ਜਾਂਦਾ, ਸੰਤ ਦੀ ਸੇਵਾ ਜ਼ਰੂਰ ਫਲ ਦੇਂਦੀ ਹੈ।

18063	392	ਕਰ ਜੋੜਿ ਨਾਨਕੁ ਕਰੇ ਅਰਦਾਸਿ॥	(ਕਰ) ਹੱਥ	Kar Jorr Naanak Karae Aradhaas ||	With his palms pressed together, Nanak offers his prayer:	(ਹੇ ਭਾਈ!) ਨਾਨਕ (ਦੋਵੇਂ) ਹੱਥ ਜੋੜ ਕੇ ਅਰਜ਼ੋਈ ਕਰਦਾ ਹੈ-
18064	392	ਮੋਹਿ ਸੰਤਹ ਟਹਲ ਦੀਜੈ ਗੁਣਤਾਸਿ॥੪॥੩੭॥੮੮॥	(ਟਹਲ) ਸੇਵਾ। ਗੁਣ-ਤਾਸਿ	Mohi Santheh Ttehal Dheejai Gunathaas ||4||37||88||	O Lord, Treasure of Excellence, please bless me with the service of the Saints. ||4||37||88||	ਹੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ! ਮੈਨੂੰ ਸੰਤ ਜਨਾਂ ਦੀ ਸੇਵਾ ਦੀ ਦਾਤਿ ਬਖ਼ਸ਼ ॥੪॥੩੭॥੮੮॥
18065	392	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18066	392	ਸਗਲ ਸੂਖ ਜਪਿ ਏਕੈ ਨਾਮ॥		Sagal Sookh Jap Eaekai Naam ||	All peace and comforts are in the meditation of the One Name.	(ਗੁਰੂ ਦੀ ਸੰਗਤਿ ਵਿਚ ਰਹਿ ਕੇ) ਪਰਮਾਤਮਾ ਦਾ ਨਾਮ ਜਪਿਆਂ ਸਾਰੇ ਸੁਖ ਪ੍ਰਾਪਤ ਹੋ ਜਾਂਦੇ ਹਨ।
18067	392	ਸਗਲ ਧਰਮ ਹਰਿ ਕੇ ਗੁਣ ਗਾਮ॥		Sagal Dhharam Har Kae Gun Gaam ||	All righteous actions of Dharma are in the singing of the Lord's Glorious Praises.	(ਹੇ ਭਾਈ!) ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨ ਵਿਚ ਹੀ ਹੋਰ ਸਾਰੇ ਧਰਮ ਆ ਜਾਂਦੇ ਹਨ।
18068	392	ਮਹਾ ਪਵਿਤ੍ਰ ਸਾਧ ਕਾ ਸੰਗੁ॥		Mehaa Pavithr Saadhh Kaa Sang ||	The Saadh Sangat, the Company of the Holy, is so very pure and sacred.	ਗੁਰੂ ਦੀ ਸੰਗਤਿ ਬਹੁਤ ਪਵਿਤ੍ਰ ਕਰਨ ਵਾਲੀ ਹੈ,
18069	393	ਜਿਸੁ ਭੇਟਤ ਲਾਗੈ ਪ੍ਰਭ ਰੰਗੁ॥੧॥		Jis Bhaettath Laagai Prabh Rang ||1||	Meeting with them, love for God is embraced. ||1||	ਗੁਰੂ ਨੂੰ ਮਿਲਿਆਂ ਪਰਮਾਤਮਾ ਦਾ ਪ੍ਰੇਮ (ਹਿਰਦੇ ਵਿਚ) ਪੈਦਾ ਹੋ ਜਾਂਦਾ ਹੈ ॥੧॥

18070	393	ਗੁਰ ਪ੍ਰਸਾਦਿ ਓਇ ਆਨੰਦ ਪਾਵੈ॥		Gur Prasaadh Oue Aanandh Paavai ||	By Guru's Grace, bliss is obtained.	(ਹੇ ਭਾਈ!) ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੇ ਮਨ ਵਿਚ ਪ੍ਰਭੂ-ਨਾਮ ਸਿਮਰਿਆਂ (ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ,
18071	393	ਜਿਸੁ ਸਿਮਰਤ ਮਨਿ ਹੋਇ ਪ੍ਰਗਾਸਾ ਤਾ ਕੀ ਗਤਿ ਮਿਤਿ ਕਹਨੁ ਨ ਜਾਵੈ॥੧॥ਰਹਾਉ॥		Jis Simarath Man Hoe Pragaasaa Thaa Kee Gath Mith Kehan N Jaavai ||1|| Rehaao ||	Meditating upon Him in remembrance, the mind is illumined; his state and condition cannot be described. ||1||Pause||	ਉਸ ਦੀ ਉੱਚੀ ਆਤਮਕ ਅਵਸਥਾ ਬਿਆਨ ਨਹੀਂ ਕੀਤੀ ਜਾ ਸਕਦੀ, ਉਸ ਦੀ ਆਤਮਕ ਵਡੱਪਣ ਦੱਸੀ ਨਹੀਂ ਜਾ ਸਕਦੀ, ਉਹ ਮਨੁੱਖ ਅਨੇਕਾਂ ਆਤਮਕ ਆਨੰਦ ਮਾਣਦਾ ਹੈ ॥੧॥ ਰਹਾਉ ॥
18072	393	ਵਰਤ ਨੇਮ ਮਜਨ ਤਿਸੁ ਪੂਜਾ॥	ਮੱਜਨ। ਪੂਜਾ: ਪੋਲਾ ਬੋਲੋ	Varath Naem Majan This Poojaa ||	Fasts, religious vows, cleansing baths, and worship to Him;	(ਹੇ ਭਾਈ!) ਉਸ ਦੇ ਭਾ ਦੇ, ਮਾਨੇ, ਸਾਰੇ ਵਰਤ ਨੇਮ, ਸਾਰੇ ਤੀਰਥ ਇਸ਼ਨਾਨ ਅਤੇ ਸਾਰੀਆਂ ਪੂਜਾ ਹੋ ਗਈਆਂ,
18073	393	ਬੇਦ ਪੁਰਾਨ ਤਿਨਿ ਸਿੰਮ੍ਰਿਤਿ ਸੁਨੀਜਾ॥	ਸਿੰਮ-ਰ੍ਿਤਿ	Baedh Puraan Thin Sinmrith Suneejaa ||	Listening to the Vedas, Puraanas, and Shaastras.	ਉਸ ਨੇ, ਮਾਨੇ, ਵੇਦ ਪੁਰਾਣ ਸਿੰਮ੍ਰਤੀਆਂ ਆਦਿਕ ਸਾਰੇ ਧਰਮ-ਪੁਸਤਕ ਸੁਣ ਲਏ,
18074	393	ਮਹਾ ਪੁਨੀਤ ਜਾ ਕਾ ਨਿਰਮਲ ਥਾਨੁ॥		Mehaa Puneeth Jaa Kaa Niramal Thhaan ||	Extremely pure is he, and immaculate is his place,	ਜਿਸ ਮਨੁੱਖ ਦਾ ਹਿਰਦਾ-ਥਾਂ (ਨਾਮ ਦੀ ਬਰਕਤਿ ਨਾਲ) ਬਹੁਤ ਪਵਿਤ੍ਰ ਨਿਰਮਲ ਹੋ ਜਾਂਦਾ ਹੈ

18075	393	ਸਾਧਸੰਗਤਿ ਜਾ ਕੈ ਹਰਿ ਹਰਿ ਨਾਮੁ॥੨॥		Saadhhasangath Jaa Kai Har Har Naam ||2||	Who meditates upon the Name of the Lord, Har, Har, in the Saadh Sangat. ||2||	ਅਤੇ ਗੁਰੂ ਦੀ ਸੰਗਤਿ ਦੀ ਬਰਕਤਿ ਨਾਲ ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ ॥੨॥
18076	393	ਪ੍ਰਗਟਿਓ ਸੋ ਜਨੁ ਸਗਲੇ ਭਵਨ॥		Pragattiou So Jan Sagalae Bhavan ||	That humble being becomes renowned all over the world.	(ਹੇ ਭਾਈ!) ਉਹ ਮਨੁੱਖ ਸਾਰੇ ਭਵਨਾਂ ਵਿਚ ਉੱਘਾ ਹੋ ਜਾਂਦਾ ਹੈ,
18077	393	ਪਤਿਤ ਪੁਨੀਤ ਤਾ ਕੀ ਪਗ ਰੇਨ॥		Pathith Puneeth Thaa Kee Pag Raen ||	Even sinners are purified, by the dust of his feet.	ਉਸ ਮਨੁੱਖ ਦੇ ਚਰਨਾਂ ਦੀ ਧੂੜ ਵਿਕਾਰਾਂ ਵਿਚ ਡਿੱਗੇ ਹੋਏ ਅਨੇਕਾਂ ਬੰਦਿਆਂ ਨੂੰ ਪਵਿਤ੍ਰ ਕਰਨ ਦੀ ਸਮਰੱਥਾ ਰੱਖਦੀ ਹੈ,
18078	393	ਜਾ ਕਉ ਭੇਟਿਓ ਹਰਿ ਹਰਿ ਰਾਇ॥		Jaa Ko Bhaettiou Har Har Raae ||	One who has met the Lord, the Lord our King,	(ਗੁਰੂ ਦੀ ਕਿਰਪਾ ਨਾਲ) ਜਿਸ ਮਨੁੱਖ ਨੂੰ ਪ੍ਰਭੂ-ਪਾਤਸ਼ਾਹ ਮਿਲ ਪੈਂਦਾ ਹੈ ਉਸ ਮਨੁੱਖ ਦੀ ਉੱਚੀ ਆਤਮਕ ਅਵਸਥਾ,
18079	393	ਤਾ ਕੀ ਗਤਿ ਮਿਤਿ ਕਥਨੁ ਨ ਜਾਇ॥੩॥		Thaa Kee Gath Mith Kathhan N Jaae ||3||	His condition and state cannot be described. ||3||	ਉਸ ਮਨੁੱਖ ਦੀ ਆਤਮਕ ਵਡੱਪਣ ਬਿਆਨ ਨਹੀਂ ਕੀਤੀ ਜਾ ਸਕਦੀ ॥੩॥
18080	393	ਆਠ ਪਹਰ ਕਰ ਜੋੜਿ ਧਿਆਵਉ॥		Aath Pehar Kar Jorr Dhhiaavo ||	Twenty-four hours a day, with palms pressed together, I meditate;	ਹੇ ਪ੍ਰਭੂ! ਮੈਂ ਅੱਠੇ ਪਹਿਰ ਦੋਵੇਂ ਹੱਥ ਜੋੜ ਕੇ ਤੇਰਾ ਧਿਆਨ ਧਰਦਾ ਰਹਾਂ,
18081	393	ਉਨ ਸਾਧਾ ਕਾ ਦਰਸਨੁ ਪਾਵਉ॥		Oun Saadhhaa Kaa Dharasan Paavo ||	I yearn to obtain the Blessed Vision of the Darshan of those Holy Saints.	ਉਹਨਾਂ ਸਾਧੂਆਂ ਦਾ ਦਰਸਨ ਕਰਦਾ ਰਹਾਂ.

18082	393	ਮੋਹਿ ਗਰੀਬ ਕਉ ਲੇਹੁ ਰਲਾਇ॥		Mohi Gareeb Ko Laehu Ralaae ||	Merge me, the poor one, with You, O Lord;	ਮੈਨੂੰ ਗ਼ਰੀਬ ਨੂੰ ਉਹਨਾਂ ਦੀ ਸੰਗਤਿ ਵਿਚ ਰਲਾ ਦੇ,
18083	393	ਨਾਨਕ ਆਇ ਪਏ ਸਰਣਾਇ॥੪॥੩੮॥੮੯॥		Naanak Aae Peae Saranaae ||4||38||89||	Nanak has come to Your Sanctuary. ||4||38||89||	ਹੇ ਨਾਨਕ! (ਆਖ- ਜੇਹੜੇ ਗੁਰਮੁਖਿ ਗੁਰੂ ਦੀ ਕਿਰਪਾ ਨਾਲ) ਤੇਰੀ ਸਰਨ ਆ ਪਏ ਹਨ ॥੪॥੩੮॥੮੯॥
18084	393	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18085	393	ਆਠ ਪਹਰ ਉਦਕ ਇਸਨਾਨੀ॥	ਉਦਕ:ਪੋਲਾ ਬੋਲੋ। (ਉਦਕ) ਪਾਣੀ	Aath Pehar Oudhak Eisanaanee ||	Twenty-four hours a day, he takes his cleansing bath in water;	(ਹੇ ਪੰਡਿਤ!) ਉਹ (ਜਲਾਂ ਥਲਾਂ ਵਿਚ ਹਰ ਥਾਂ ਵੱਸਣ ਵਾਲਾ ਹਰਿ ਸਾਲਗਿਰਾਮ) ਜੋ ਅੱਠੇ ਪਹਰ ਹੀ ਪਾਣੀਆਂ ਦਾ ਇਸ਼ਨਾਨ ਕਰਨ ਵਾਲਾ ਹੈ,
18086	393	ਸਦ ਹੀ ਭੋਗੁ ਲਗਾਇ ਸੁਗਿਆਨੀ॥		Sadh Hee Bhog Lagaae Sugiaanee ||	He makes continual offerings to the Lord; he is a true man of wisdom.	ਹਰੇਕ ਦੇ ਦਿਲ ਦੀ ਚੰਗੀ ਤਰ੍ਹਾਂ ਜਾਣਨ ਵਾਲਾ ਉਹ ਹਰਿ ਸਾਲਗਿਰਾਮ (ਸਭ ਜੀਵਾਂ ਦੇ ਅੰਦਰ ਬੈਠ ਕੇ) ਸਦਾ ਹੀ ਭੋਗ ਲਾਂਦਾ ਰਹਿੰਦਾ ਹੈ (ਪਦਾਰਥ ਛਕਦਾ ਰਹਿੰਦਾ ਹੈ),
18087	393	ਬਿਰਥਾ ਕਾਹੂ ਛੋਡੈ ਨਾਹੀ॥	(ਬਿਰਥਾ) ਪੀੜ	Birathhaa Kaahoo Shhoddai Naahee ||	He never leaves anything uselessly.	ਜੋ ਕਿਸੇ ਦੀ ਭੀ ਦਰਦ-ਪੀੜਾ ਨਹੀਂ ਰਹਿਣ ਦੇਂਦਾ,
18088	393	ਬਹੁਰਿ ਬਹੁਰਿ ਤਿਸੁ ਲਾਗਹ ਪਾਈ॥੧॥		Bahur Bahur This Laageh Paaee ||1||	Again and again, he falls at the Lord's Feet. ||1||	ਅਸੀਂ ਉਸ (ਹਰਿ ਸਾਲਗਿਰਾਮ) ਦੀ ਪੈਰੀਂ ਮੁੜ ਮੁੜ ਲੱਗਦੇ ਹਾਂ ॥੧॥

18089	393	ਸਾਲਗਿਰਾਮੁ ਹਮਾਰੈ ਸੇਵਾ॥	(ਗਿਰਾਮੁ) ਸਮੂਹ ਜੀਆਂ ਦੇ (ਸਾਲ)ਘਰ ਵਾਹਿਗੁਰੂ ਜੀ	Saalagiraam Hamaarai Saevaa ||	Such is the Saalagraam, the stone idol, which I serve;	(ਹੇ ਪੰਡਿਤ!) ਪਰਮਾਤਮਾ-ਦੇਵ ਦੀ ਸੇਵਾ ਭਗਤੀ ਹੀ ਸਾਡੇ ਘਰ ਵਿਚ ਸਾਲਗਿਰਾਮ (ਦੀ ਪੂਜਾ) ਹੈ।
18090	393	ਪੂਜਾ ਅਰਚਾ ਬੰਦਨ ਦੇਵਾ॥੧॥ਰਹਾਉ॥	(ਅਰਚਾ) ਚੰਦਨ ਛਿੜਕਣਾ। (ਬੰਦਨ) ਨਮਸਕਾਰ। (ਦੇਵਾ) ਪ੍ਰਕਾਸ਼ ਸਰੂਪ	Poojaa Arachaa Bandhan Dhaevaa ||1|| Rehaao ||	Such is my worship, flower-offerings and divine adoration as well. ||1||Pause||	(ਹਰਿ-ਨਾਮ-ਸਿਮਰਨ ਹੀ ਸਾਡੇ ਵਾਸਤੇ ਸਾਲਗਿਰਾਮ ਦੀ) ਪੂਜਾ, ਸੁਗੰਧੀ-ਭੇਟ ਤੇ ਨਮਸਕਾਰ ਹੈ ॥੧॥ ਰਹਾਉ ॥
18091	393	ਘੰਟਾ ਜਾ ਕਾ ਸੁਨੀਐ ਚਹੁ ਕੁੰਟ॥	(ਕੁੰਟ) ਦਿਸ਼ਾ	Ghanttaa Jaa Kaa Suneeai Chahu Kuntt ||	His bell resounds to the four corners of the world.	(ਹੇ ਪੰਡਿਤ!) ਉਸ (ਹਰਿ-ਸਾਲਗਿਰਾਮ ਦੀ ਰਜ਼ਾ) ਦਾ ਘੰਟਾ (ਸਿਰਫ਼ ਮੰਦਰ ਵਿਚ ਸੁਣੇ ਜਾਣ ਦੀ ਥਾਂ) ਸਾਰੇ ਜਗਤ ਵਿਚ ਹੀ ਸੁਣਿਆ ਜਾਂਦਾ ਹੈ।
18092	393	ਆਸਨੁ ਜਾ ਕਾ ਸਦਾ ਬੈਕੁੰਠ॥	(ਬੈਕੁੰਠ) ਅਚੱਲ ਮਹਾਂ ਅਨੰਦਦਾਇਕ	Aasan Jaa Kaa Sadhaa Baikunth ||	His seat is forever in heaven.	(ਸਾਧ ਸੰਗਤਿ-ਰੂਪ) ਬੈਕੁੰਠ ਵਿਚ ਉਸ ਦਾ ਨਿਵਾਸ ਸਦਾ ਹੀ ਟਿਕਿਆ ਰਹਿੰਦਾ ਹੈ।
18093	393	ਜਾ ਕਾ ਚਵਰੁ ਸਭ ਊਪਰਿ ਝੂਲੈ॥		Jaa Kaa Chavar Sabh Oopar Jhoolai ||	His chauri, his fly-brush, waves over all.	ਸਭ ਜੀਵਾਂ ਉਤੇ ਉਸ ਦਾ (ਪਵਣ)-ਚਵਰ ਝੁਲ ਰਿਹਾ ਹੈ।
18094	393	ਤਾ ਕਾ ਧੂਪੁ ਸਦਾ ਪਰਫੁਲੈ॥੨॥	ਪਰ-ਫੁੱਲੈ	Thaa Kaa Dhhoop Sadhaa Parafulai ||2||	His incense is ever-fragrant. ||2||	(ਸਾਰੀ ਬਨਸਪਤੀ) ਸਦਾ ਫੁੱਲ ਦੇ ਰਹੀ ਹੈ ਇਹੀ ਹੈ ਉਸ ਦੇ ਵਾਸਤੇ ਧੂਪ ॥੨॥
18095	393	ਘਟਿ ਘਟਿ ਸੰਪਟੁ ਹੈ ਰੇ ਜਾ ਕਾ॥	(ਸੰਪਟੁ) ਡੱਬਾ ਜਿਸ ਚ ਠਾਕੁਰ ਰੱਖਦੇ ਹਨ	Ghatt Ghatt Sanpatt Hai Rae Jaa Kaa ||	He is treasured in each and every heart.	(ਹੇ ਪੰਡਿਤ!) ਹਰੇਕ ਸਰੀਰ ਵਿਚ ਉਹ ਵੱਸ ਰਿਹਾ ਹੈ, ਹਰੇਕ ਦਾ ਹਿਰਦਾ ਹੀ ਉਸ ਦਾ (ਠਾਕੁਰਾਂ ਵਾਲਾ) ਡੱਬਾ ਹੈ,

18096	393	ਅਭਗ ਸਭਾ ਸੰਗਿ ਹੈ ਸਾਧਾ॥	(ਅ-ਭੱਗ) ਨਾਸ ਰਹਿਤ। ਸਭਾ, ਸਾਧਾ: ਪੋਲੇ ਬੋਲੋ	Abhag Sabhaa Sang Hai Saadhhaa ||	The Saadh Sangat, the Company of the Holy, is His Eternal Court.	ਉਸ ਦੀ ਸੰਤ-ਸਭਾ ਕਦੇ ਮੁੱਕਣ ਵਾਲੀ ਨਹੀਂ ਹੈ, ਸਾਧ ਸੰਗਤਿ ਵਿਚ ਉਹ ਹਰ ਵੇਲੇ ਵੱਸਦਾ ਹੈ,
18097	393	ਆਰਤੀ ਕੀਰਤਨੁ ਸਦਾ ਅਨੰਦ॥		Aarathee Keerathan Sadhaa Anandh ||	His Aartee, his lamp-lit worship service, is the Kirtan of His Praises, which brings lasting bliss.	ਜਿਥੇ ਉਸ ਦੀ ਸਦਾ ਆਨੰਦ ਦੇਣ ਵਾਲੀ ਸਿਫ਼ਤਿ-ਸਾਲਾਹ ਹੋ ਰਹੀ ਹੈ, ਇਹ ਸਿਫ਼ਤਿ-ਸਾਲਾਹ ਉਸ ਦੀ ਆਰਤੀ ਹੈ,
18098	393	ਮਹਿਮਾ ਸੁੰਦਰ ਸਦਾ ਬੇਅੰਤ॥੩॥		Mehimaa Sundhar Sadhaa Baeanth ||3||	His Greatness is so beautiful, and ever limitless. ||3||	ਉਸ ਬੇਅੰਤ ਤੇ ਸੁੰਦਰ (ਹਰਿ-ਸਾਲਗਿਰਾਮ) ਦੀ ਸਦਾ ਮਹਿਮਾ ਹੋ ਰਹੀ ਹੈ ॥੩॥
18099	393	ਜਿਸਹਿ ਪਰਾਪਤਿ ਤਿਸ ਹੀ ਲਹਨਾ॥		Jisehi Paraapath This Hee Lehanaa ||	He alone obtains it, who is so pre-ordained;	ਪਰ, ਹੇ ਪੰਡਿਤ!) ਜਿਸ ਮਨੁੱਖ ਦੇ ਭਾਗਾਂ ਵਿਚ ਉਸ (ਹਰਿ-ਸਾਲਗਿਰਾਮ) ਦੀ ਪ੍ਰਾਪਤੀ ਲਿਖੀ ਹੈ ਉਸੇ ਨੂੰ ਉਹ ਮਿਲਦਾ ਹੈ।
18100	393	ਸੰਤ ਚਰਨ ਓਹੁ ਆਇਓ ਸਰਨਾ॥		Santh Charan Ouhu Aaeiou Saranaa ||	He takes to the Sanctuary of the Saints' Feet.	ਉਹ ਮਨੁੱਖ ਸੰਤਾਂ ਦੀ ਚਰਨੀਂ ਲੱਗਦਾ ਹੈ ਉਹ ਸੰਤਾਂ ਦੀ ਸਰਨ ਪਿਆ ਰਹਿੰਦਾ ਹੈ।
18101	393	ਹਾਥ ਚੜਿਓ ਹਰਿ ਸਾਲਗਿਰਾਮੁ॥	(ਸਾਲਗਿਰਾਮੁ) ਵਾਹਿਗੁਰੂ ਜੀ। ਚੜ੍ਹਿਓ	Haathh Charriou Har Saalagiraam ||	I hold in my hands the Saalagraam of the Lord.	ਉਸ ਮਨੁੱਖ ਨੂੰ ਹਰਿ-ਸਾਲਗਿਰਾਮ ਮਿਲ ਪੈਂਦਾ ਹੈ,
18102	393	ਕਹੁ ਨਾਨਕ ਗੁਰਿ ਕੀਨੋ ਦਾਨੁ॥੪॥੩੯॥੯੦॥		Kahu Naanak Gur Keeno Dhaan ||4||39||90||	Says Nanak, the Guru has given me this Gift. ||4||39||90||	ਨਾਨਕ ਆਖਦਾ ਹੈ- ਜਿਸ ਨੂੰ ਗੁਰੂ ਨੇ (ਨਾਮ ਦੀ) ਦਾਤਿ ਬਖ਼ਸ਼ੀ ॥੪॥੩੯॥੯੦॥

18103	393	ਆਸਾ ਮਹਲਾ ੫ ਪੰਚਪਦਾ੧॥	ਚਰਨਾਂ ਚ ਏਕੇ ਦਾ ਭਾਵ ਇੱਕ ਪੰਚਪਦਾ ਹੈ	Aasaa Mehalaa 5 Panchapadhaa ||	Aasaa, Fifth Mehl, Panch-Pada:	
18104	393	ਜਿਹ ਪੈਡੈ ਲੂਟੀ ਪਨਿਹਾਰੀ॥	ਵਿਕਾਰਾਂ ਦਾ (ਪਨਿਹਾਰੀ) ਪਾਣੀ ਭਰਨ ਵਾਲੀ ਜੀਵ ਇਸਤ੍ਰੀ	Jih Paiddai Loottee Panihaaree ||	That highway, upon which the water-carrier is plundered	(ਹੇ ਭਾਈ!) ਵਿਕਾਰਾਂ ਵਿਚ ਫਸੀ ਹੋਈ ਜੀਵ-ਇਸਤ੍ਰੀ ਜਿਸ ਜੀਵਨ-ਰਸਤੇ ਵਿਚ (ਆਤਮਕ ਜੀਵਨ ਦੀ ਰਾਸ-ਪੂੰਜੀ) ਲੁਟਾ ਬੈਠਦੀ ਹੈ,
18105	393	ਸੋ ਮਾਰਗੁ ਸੰਤਨ ਦੂਰਾਰੀ॥੧॥	(ਦੂਰਾਰੀ) ਦੂਰ	So Maarag Santhan Dhooraaree ||1||	- that way is far removed from the Saints. ||1||	ਉਹ ਰਸਤਾ ਸੰਤ ਜਨਾਂ ਤੋਂ ਦੁਰੇਡਾ ਰਹਿ ਜਾਂਦਾ ਹੈ ॥੧॥
18106	393	ਸਤਿਗੁਰ ਪੂਰੈ ਸਾਚੁ ਕਹਿਆ॥		Sathigur Poorai Saach Kehiaa ||	The True Guru has spoken the Truth.	ਹੇ ਪ੍ਰਭੂ! ਪੂਰੇ ਗੁਰੂ ਨੇ ਜਿਸ ਮਨੁੱਖ ਨੂੰ ਤੇਰਾ ਸਦਾ-ਥਿਰ ਨਾਮ ਉਪਦੇਸ਼ ਦੇ ਦਿੱਤਾ,
18107	393	ਨਾਮ ਤੇਰੇ ਕੀ ਮੁਕਤੇ ਬੀਥੀ ਜਮ ਕਾ ਮਾਰਗੁ ਦੂਰਿ ਰਹਿਆ॥੧॥ਰਹਾਉ ॥	(ਬੀਥੀ) ਗਲੀ	Naam Thaerae Kee Mukathae Beethhee Jam Kaa Maarag Dhoor Rehiaa ||1|| Rehaao ||	Your Name, O Lord, is the Way to Salvation; the road of the Messenger of Death is far away. ||1||Pause||	ਜਮ-ਦੂਤਾਂ (ਆਤਮਕ ਮੌਤ) ਵਾਲਾ ਰਸਤਾ ਉਸ ਮਨੁੱਖ ਤੋਂ ਦੂਰ ਪਰੇ ਰਹਿ ਜਾਂਦਾ ਹੈ ਉਸ ਨੂੰ ਤੇਰੇ ਨਾਮ ਦੀ ਬਰਕਤਿ ਨਾਲ ਜੀਵਨ-ਸਫ਼ਰ ਵਿਚ ਖੁਲ੍ਹਾ ਰਸਤਾ ਲੱਭ ਪੈਂਦਾ ਹੈ ॥੧॥ ਰਹਾਉ ॥
18108	393	ਜਹ ਲਾਲਚ ਜਾਗਾਤੀ ਘਾਟ॥	(ਜਾਗਾਤੀ) ਟੈਕਸ ਲੈਣ ਵਾਲਾ। (ਘਾਟ) ਪੱਤਣ	Jeh Laalach Jaagaathee Ghaatt ||	That place, where the greedy toll-collector dwells	(ਹੇ ਭਾਈ!) ਜਿਥੇ ਲਾਲਚੀ ਮਸੂਲੀਆਂ ਦਾ ਪੱਤਣ ਹੈ (ਜਿਥੇ ਜਮ-ਮਸੂਲੀਏ ਕੀਤੇ ਮੰਦ-ਕਰਮਾਂ ਬਾਰੇ ਤਾੜਨਾ ਕਰਦੇ ਹਨ),

18109	393	ਦੂਰਿ ਰਹੀ ਉਹ ਜਨ ਤੇ ਬਾਟ॥੨॥	(ਬਾਟ) ਵਾਟ ਰਸਤਾ	Dhoor Rehee Ouh Jan Thae Baatt ||2||	- that path remains far removed from the Lord's humble servant. ||2||	ਉਹ ਰਸਤਾ ਸੰਤ ਜਨਾਂ ਤੋਂ ਦੂਰ ਪਰੇ ਰਹਿ ਜਾਂਦਾ ਹੈ ॥੨॥
18110	393	ਜਹ ਆਵਟੇ ਬਹੁਤ ਘਨ ਸਾਥ॥	(ਆਵਟੇ)ਉਬਾਲ਼ੇ ਜਾਂਦੇ ਹਨ ਨਰਕ ਰੂਪੀ ਕੜਾਹੇ ਚ (ਘਨ)ਬਹੁਤੇ(ਸਾਥ)ਪੂਰਾਂ ਦੇ ਪੂਰ। ਆਵ-ਟੇ ਘਨ: ਪੋਲੇ ਬੋਲੋ	Jeh Aavattae Bahuth Ghan Saathh ||	There, where so very many caravans of men are caught,	(ਹੇ ਭਾਈ!) ਜਿਸ ਜੀਵਨ-ਸਫ਼ਰ ਵਿਚ (ਮਾਇਆ-ਵੇੜ੍ਹੇ ਜੀਵਾਂ ਦੇ) ਅਨੇਕਾਂ ਹੀ ਕਾਫ਼ਲੇ (ਕੀਤੇ ਮੰਦ ਕਰਮਾਂ ਦੇ ਕਾਰਨ) ਦੁਖੀ ਹੁੰਦੇ ਰਹਿੰਦੇ ਹਨ,
18111	393	ਪਾਰਬ੍ਰਹਮ ਕੇ ਸੰਗੀ ਸਾਧ॥੩॥		Paarabreham Kae Sangee Saadhh ||3||	The Holy Saints remain with the Supreme Lord. ||3||	ਗੁਰਮੁਖਿ ਮਨੁੱਖ (ਉਸ ਸਫ਼ਰ ਵਿਚ) ਪਰਮਾਤਮਾ ਦੇ ਸਤਸੰਗੀ ਬਣੇ ਰਹਿੰਦੇ ਹਨ (ਇਸ ਕਰਕੇ ਗੁਰਮੁਖਾਂ ਨੂੰ ਕੋਈ ਦੁੱਖ ਨਹੀਂ ਪੋਂਹਦਾ) ॥੩॥
18112	393	ਚਿਤ੍ਰ ਗੁਪਤੁ ਸਭ ਲਿਖਤੇ ਲੇਖਾ॥		Chithr Gupath Sabh Likhathae Laekhaa ||	Chitra and Gupat, the recording angels of the conscious and the unconscious, write the accounts of all mortal beings,	(ਹੇ ਭਾਈ! ਮਾਇਆ-ਵੇੜ੍ਹੇ ਜੀਵਾਂ ਦੇ ਕੀਤੇ ਕਰਮਾਂ ਦਾ ਲੇਖਾ ਲਿਖਣ ਵਾਲੇ) ਚਿਤ੍ਰ ਗੁਪਤ ਸਭ ਜੀਵਾਂ ਦੇ ਕੀਤੇ ਕਰਮਾਂ ਦਾ ਹਿਸਾਬ ਲਿਖਦੇ ਰਹਿੰਦੇ ਹਨ,
18113	393	ਭਗਤ ਜਨਾ ਕਉ ਦ੍ਰਿਸਟਿ ਨ ਪੇਖਾ॥੪॥		Bhagath Janaa Ko Dhrisatt N Paekhaa ||4||	But they cannot even see the Lord's humble devotees. ||4||	ਪਰ ਪਰਮਾਤਮਾ ਦੀ ਭਗਤੀ ਕਰਨ ਵਾਲਿਆਂ ਬੰਦਿਆਂ ਵਲ ਉਹ ਅੱਖ ਪੁੱਟ ਕੇ ਭੀ ਨਹੀਂ ਤੱਕ ਸਕਦੇ ॥੪॥

18114	393	ਕਹੁ ਨਾਨਕ ਜਿਸੁ ਸਤਿਗੁਰੁ ਪੂਰਾ॥		Kahu Naanak Jis Sathigur Pooraa ||	Says Nanak, one whose True Guru is Perfect	ਨਾਨਕ ਆਖਦਾ ਹੈ- ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ,
18115	393	ਵਾਜੇ ਤਾ ਕੈ ਅਨਹਦ ਤੂਰਾ॥੫॥੪੦॥੯੧॥		Vaajae Thaa Kai Anehadh Thooraa ||5||40||91||	- the unblown bugles of ecstasy vibrate for him. ||5||40||91||	ਉਸ ਦੇ ਹਿਰਦੇ ਵਿਚ ਸਦਾ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਇਕ-ਰਸ ਵਾਜੇ ਵੱਜਦੇ ਰਹਿੰਦੇ ਹਨ (ਇਸ ਵਾਸਤੇ) ਉਸ ਨੂੰ ਵਿਕਾਰਾਂ ਦੀ ਪ੍ਰੇਰਨਾ ਸੁਣੀ ਹੀ ਨਹੀਂ ਜਾਂਦੀ) ॥੫॥੪੦॥੯੧॥
18116	393	ਆਸਾ ਮਹਲਾ ੫ ਦੁਪਦਾ ੧॥		Aasaa Mehalaa 5 Dhupadhaa 1 ||	Aasaa, Fifth Mehl, Du-Pada 1:	
18117	393	ਸਾਧੂਸੰਗਿ ਸਿਖਾਇਓ ਨਾਮੁ॥	ਦੁ-ਪਦਾ ਇੱਕ	Saadhhoo Sang Sikhaaeiou Naam ||	In the Saadh Sangat, the Company of the Holy, the Naam is learned;	(ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ) ਗੁਰੂ ਆਪਣੀ ਸੰਗਤਿ ਵਿਚ ਰੱਖ ਕੇ ਪਰਮਾਤਮਾ ਦਾ ਨਾਮ ਸਿਮਰਨਾ ਸਿਖਾਂਦਾ ਹੈ,
18118	393	ਸਰਬ ਮਨੋਰਥ ਪੂਰਨ ਕਾਮ॥		Sarab Manorathh Pooran Kaam ||	All desires and tasks are fulfilled.	ਉਹਨਾਂ ਦੇ ਸਾਰੇ ਮਨੋਰਥ, ਸਾਰੇ ਕੰਮ ਸਫਲ ਹੋ ਜਾਂਦੇ ਹਨ।
18119	393	ਬੁਝਿ ਗਈ ਤ੍ਰਿਸਨਾ ਹਰਿ ਜਸਹਿ ਅਘਾਨੇ॥	(ਅਘਾਨੇ) ਰੱਜੇ। ਬੁਝਿ ਜਸਹਿ: ਪੋਲੇ ਬੋਲੋ	Bujh Gee Thrisanaa Har Jasehi Aghaanae ||	My thirst has been quenched, and I am satiated with the Lord's Praise.	(ਉਹਨਾਂ ਦੇ ਅੰਦਰੋਂ) ਤ੍ਰਿਸ਼ਨਾ ਦੀ ਅੱਗ ਬੁੱਝ ਜਾਂਦੀ ਹੈ, ਉਹ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਟਿਕ ਕੇ (ਮਾਇਆ ਵਲੋਂ) ਰੱਜੇ ਰਹਿੰਦੇ ਹਨ।
18120	393	ਜਪਿ ਜਪਿ ਜੀਵਾ ਸਾਰਿਗਪਾਨੇ॥੧॥	ਸਾਰਿਗਪਾਨੇ	Jap Jap Jeevaa Saarigapaanae ||1||	I live by chanting and meditating upon the Lord, the Sustainer of the earth. ||1||	(ਹੇ ਭਾਈ!) ਮੈਂ ਭੀ ਜਿਉਂ ਜਿਉਂ ਪਰਮਾਤਮਾ ਦਾ ਨਾਮ ਜਪਦਾ ਹਾਂ, ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ ॥੧॥

18121	393	ਕਰਨ ਕਰਾਵਨ ਸਰਨਿ ਪਰਿਆ॥		Karan Karaavan Saran Pariaa ||	I have entered the Sanctuary of the Creator, the Cause of all causes.	(ਹੇ ਭਾਈ! ਜੇਹੜਾ ਭੀ ਮਨੁੱਖ) ਗੁਰੂ ਦੀ ਕਿਰਪਾ ਨਾਲ ਉਸ ਪਰਮਾਤਮਾ ਦੀ ਸਰਨ ਪੈ ਜਾਂਦਾ ਹੈ ਜੋ ਸਭ ਕੁਝ ਕਰਨ ਤੇ ਸਭ ਕੁਝ ਕਰਾਣ ਦੀ ਤਾਕਤ ਵਾਲਾ ਹੈ,
18122	393	ਗੁਰ ਪਰਸਾਦਿ ਸਹਜ ਘਰੁ ਪਾਇਆ ਮਿਟਿਆ ਅੰਧੇਰਾ ਚੰਦੁ ਚੜਿਆ॥੧॥ਰਹਾਉ ॥	ਚੜ੍ਹਿਆ	Gur Parasaadh Sehaj Ghar Paaeiaa Mittiaa Andhhaeraa Chandh Charriaa ||1|| Rehaao ||	By Guru's Grace, I have entered the home of celestial bliss. Darkness is dispelled, and the moon of wisdom has risen. ||1||Pause||	ਉਹ ਮਨੁੱਖ ਉਹ ਆਤਮਕ ਟਿਕਾਣਾ ਲੱਭ ਲੈਂਦਾ ਹੈ, ਜਿਥੇ ਉਸ ਨੂੰ ਆਤਮਕ ਅਡੋਲਤਾ ਮਿਲੀ ਰਹਿੰਦੀ ਹੈ। (ਉਸ ਦੇ ਅੰਦਰੋਂ ਮਾਇਆ ਦੇ ਮੋਹ ਦਾ) ਹਨੇਰਾ ਦੂਰ ਹੋ ਜਾਂਦਾ ਹੈ (ਉਸ ਦੇ ਅੰਦਰ ਮਾਨੋ) ਚੰਦ ਚੜ੍ਹ ਪੈਂਦਾ ਹੈ (ਆਤਮਕ ਜੀਵਨ ਦੀ ਰੋਸ਼ਨੀ ਹੋ ਜਾਂਦੀ ਹੈ) ॥੧॥ ਰਹਾਉ ॥
18123	394	ਲਾਲ ਜਵੇਹਰ ਭਰੇ ਭੰਡਾਰ॥		Laal Javaehar Bharae Bhanddaar ||	My treasure-house is overflowing with rubies and jewels;	(ਉੱਚੇ ਆਤਮਕ ਜੀਵਨ ਵਾਲੇ ਗੁਣ, ਮਾਨੋ) ਹੀਰੇ ਜਵਾਹਰ ਹਨ, ਮਨੁੱਖ ਦੇ ਅੰਦਰ ਇਹਨਾਂ ਦੇ ਖ਼ਜ਼ਾਨੇ ਭਰ ਜਾਂਦੇ ਹਨ।
18124	394	ਤੋਟਿ ਨ ਆਵੈ ਜਪਿ ਨਿਰੰਕਾਰ॥		Thott N Aavai Jap Nirankaar ||	I meditate on the Formless Lord, and so they never run short.	ਪਰਮਾਤਮਾ ਦਾ ਨਾਮ ਜਪ ਕੇ ਕਦੇ ਇਹਨਾਂ ਦੀ ਥੁੜ ਨਹੀਂ ਹੁੰਦੀ।

18125	394	ਅੰਮ੍ਰਿਤੁ ਸਬਦੁ ਪੀਵੈ ਜਨੁ ਕੋਇ॥		Anmrith Sabadh Peevai Jan Koe ||	How rare is that humble being, who drinks in the Ambrosial Nectar of the Word of the Shabad.	ਗੁਰੂ ਦਾ ਸ਼ਬਦ ਆਤਮਕ ਜੀਵਨ ਦੇਣ ਵਾਲਾ ਜਲ ਹੈ, ਜੇਹੜਾ ਭੀ ਮਨੁੱਖ ਇਹ ਨਾਮ-ਜਲ ਪੀਂਦਾ ਹੈ,
18126	394	ਨਾਨਕ ਤਾ ਕੀ ਪਰਮਗਤਿ ਹੋਇ॥੨॥੪੧॥੯੨॥		Naanak Thaa Kee Param Gath Hoe ||2||41||92||	O Nanak, he attains the state of highest dignity. ||2||41||92||	ਹੇ ਨਾਨਕ! ਉਸ ਦੀ ਸਭ ਤੋਂ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ ॥੨॥੪੧॥੯੨॥
18127	394	ਆਸਾ ਘਰੁ ੭ ਮਹਲਾ ੫॥		Aasaa Ghar 7 Mehalaa 5 ||	Aasaa, Seventh House, Fifth Mehl:	
18128	394	ਹਰਿ ਕਾ ਨਾਮੁ ਰਿਦੈ ਨਿਤ ਧਿਆਈ॥		Har Kaa Naam Ridhai Nith Dhhiaaee ||	Meditate continually on the Name of the Lord within your heart.	(ਹੇ ਭਾਈ! ਅੰਗ-ਸੰਗ ਵੱਸਦੇ ਗੁਰੂ ਦੀ ਹੀ ਕਿਰਪਾ ਨਾਲ) ਮੈਂ ਪਰਮਾਤਮਾ ਦਾ ਨਾਮ ਸਦਾ ਆਪਣੇ ਹਿਰਦੇ ਵਿਚ ਧਿਆਉਂਦਾ ਹਾਂ।
18129	394	ਸੰਗੀ ਸਾਥੀ ਸਗਲ ਤਰਾਂਈ॥੧॥		Sangee Saathhee Sagal Tharaanee ||1||	Thus you shall save all your companions and associates. ||1||	(ਇਸ ਤਰ੍ਹਾਂ ਮੈਂ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਜੋਗਾ ਹੋ ਰਿਹਾ ਹਾਂ) ਆਪਣੇ ਸੰਗੀਆਂ ਸਾਥੀਆਂ (ਗਿਆਨ-ਇੰਦ੍ਰਿਆਂ) ਨੂੰ ਪਾਰ ਲੰਘਾਣ ਜੋਗਾ ਬਣ ਰਿਹਾ ਹਾਂ ॥੧॥
18130	394	ਗੁਰੁ ਮੇਰੈ ਸੰਗਿ ਸਦਾ ਹੈ ਨਾਲੇ॥		Gur Maerai Sang Sadhaa Hai Naalae ||	My Guru is always with me, near at hand.	(ਹੇ ਭਾਈ! ਮੇਰਾ) ਗੁਰੂ ਸਦਾ ਮੇਰੇ ਨਾਲ ਵੱਸਦਾ ਹੈ ਮੇਰੇ ਅੰਗ-ਸੰਗ ਰਹਿੰਦਾ ਹੈ।

18131	394	ਸਿਮਰਿ ਸਿਮਰਿ ਤਿਸੁ ਸਦਾ ਸਮ੍ਹਾਲੇ॥੧॥ਰਹਾਉ॥		Simar Simar This Sadhaa Samhaalae ||1|| Rehaao ||	Meditating, meditating in remembrance on Him, I cherish Him forever. ||1||Pause||	(ਗੁਰੂ ਦੀ ਹੀ ਕਿਰਪਾ ਨਾਲ) ਮੈਂ ਉਸ (ਪਰਮਾਤਮਾ) ਨੂੰ ਸਦਾ ਸਿਮਰ ਕੇ ਸਦਾ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹਾਂ ॥੧॥ ਰਹਾਉ ॥
18132	394	ਤੇਰਾ ਕੀਆ ਮੀਠਾ ਲਾਗੈ॥		Thaeraa Keeaa Meethaa Laagai ||	Your actions seem so sweet to me.	(ਹੇ ਪ੍ਰਭੂ! ਇਹ ਤੇਰੇ ਮਿਲਾਏ ਹੋਏ ਗੁਰੂ ਦੀ ਮੇਹਰ ਹੈ ਕਿ) ਮੈਨੂੰ ਤੇਰਾ ਕੀਤਾ ਹੋਇਆ ਹਰੇਕ ਕੰਮ ਚੰਗਾ ਲੱਗ ਰਿਹਾ ਹੈ,
18133	394	ਹਰਿ ਨਾਮੁ ਪਦਾਰਥੁ ਨਾਨਕੁ ਮਾਂਗੈ॥੨॥੪੨॥੯੩॥		Har Naam Padhaarathh Naanak Maangai ||2||42||93||	Nanak begs for the treasure of the Naam, the Name of the Lord. ||2||42||93||	ਤੇ (ਤੇਰਾ ਦਾਸ) ਨਾਨਕ ਤੇਰੇ ਪਾਸੋਂ ਸਭ ਤੋਂ ਕੀਮਤੀ ਵਸਤ ਤੇਰਾ ਨਾਮ ਮੰਗ ਰਿਹਾ ਹੈ ॥੨॥੪੨॥੯੩॥
18134	394	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18135	394	ਸਾਧੂਸੰਗਤਿ ਤਰਿਆ ਸੰਸਾਰੁ॥		Saadhhoo Sangath Thariaa Sansaar ||	The world is saved by the Saadh Sangat, the Company of the Holy.	ਹੇ ਭਾਈ! (ਜੇਹੜਾ ਭੀ ਮਨੁੱਖ ਨਿਮ੍ਰਤਾ ਧਾਰ ਕੇ ਗੁਰੂ ਦੀ ਸੰਗਤਿ ਕਰਦਾ ਹੈ) ਗੁਰੂ ਦੀ ਸੰਗਤਿ ਦੀ ਬਰਕਤਿ ਨਾਲ ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ,
18136	394	ਹਰਿ ਕਾ ਨਾਮੁ ਮਨਹਿ ਆਧਾਰੁ॥੧॥		Har Kaa Naam Manehi Aadhhaar ||1||	The Name of the Lord is the Support of the mind. ||1||	(ਕਿਉਂਕਿ) ਪਰਮਾਤਮਾ ਦਾ ਨਾਮ ਉਸ ਦੇ ਮਨ ਦਾ ਆਸਰਾ ਬਣਿਆ ਰਹਿੰਦਾ ਹੈ ॥੧॥

18137	394	ਚਰਨਕਮਲ ਗੁਰਦੇਵ ਪਿਆਰੇ॥		Charan Kamal Guradhaev Piaarae ||	The Saints worship and adore the Lotus Feet of the Divine Guru;	(ਹੇ ਭਾਈ!) ਪਿਆਰੇ ਗੁਰਦੇਵ ਦੇ ਸੋਹਣੇ ਕੋਮਲ ਚਰਨ-
18138	394	ਪੂਜਹਿ ਸੰਤ ਹਰਿ ਪ੍ਰੀਤਿ ਪਿਆਰੇ॥੧॥ਰਹਾਉ ॥		Poojehi Santh Har Preeth Piaarae ||1|| Rehaao ||	They love the Beloved Lord. ||1||Pause||	ਹਰੀ ਦੇ ਸੰਤ ਜਨ ਪ੍ਰੀਤਿ ਨਾਲ, ਪਿਆਰ ਨਾਲ ਪੂਜਦੇ ਰਹਿੰਦੇ ਹਨ ॥੧॥ ਰਹਾਉ ॥
18139	394	ਜਾ ਕੈ ਮਸਤਕਿ ਲਿਖਿਆ ਭਾਗੁ॥		Jaa Kai Masathak Likhiaa Bhaag ||	She who has such good destiny written upon her forehead,	ਜਿਸ ਮਨੁੱਖ ਦੇ ਮੱਥੇ ਤੇ (ਪੂਰਬਲੇ ਜਨਮਾਂ ਦੇ ਕਰਮਾਂ ਦਾ) ਲਿਖਿਆ ਲੇਖ ਜਾਗ ਪੈਂਦਾ ਹੈ,
18140	394	ਕਹੁ ਨਾਨਕ ਤਾ ਕਾ ਥਿਰੁ ਸੋਹਾਗੁ॥੨॥੪੩॥੯੪॥		Kahu Naanak Thaa Kaa Thhir Sohaag ||2||43||94||	Says Nanak, is blessed with the eternal happy marriage with the Lord. ||2||43||94||	ਹੇ ਨਾਨਕ! ਉਸ ਨੂੰ ਮਿਲੀ ਇਹ ਸੁਭਾਗਤਾ (ਗੁਰੂ ਦੀ ਸੰਗਤਿ ਦੀ ਬਰਕਤਿ ਨਾਲ) ਸਦਾ ਲਈ ਕਾਇਮ ਰਹਿੰਦੀ ਹੈ ॥੨॥੪੩॥੯੪॥
18141	394	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18142	394	ਮੀਠੀ ਆਗਿਆ ਪਿਰ ਕੀ ਲਾਗੀ॥		Meethee Aagiaa Pir Kee Laagee ||	The Order of my Husband Lord seems so sweet to me.	(ਹੇ ਸਖੀ! ਗੁਰੂ ਦੀ ਕਿਰਪਾ ਨਾਲ ਜਦੋਂ ਤੋਂ) ਮੈਨੂੰ ਪ੍ਰਭੂ-ਪਤੀ ਦੀ ਰਜ਼ਾ ਮਿੱਠੀ ਲੱਗ ਰਹੀ ਹੈ,
18143	394	ਸਉਕਨਿ ਘਰ ਕੀ ਕੰਤਿ ਤਿਆਗੀ॥		Soukan Ghar Kee Kanth Thiaagee ||	My Husband Lord has driven out the one who was my rival.	(ਤਦੋਂ ਤੋਂ) ਪ੍ਰਭੂ-ਪਤੀ ਨੇ ਮੇਰਾ ਹਿਰਦਾ-ਘਰ ਮੱਲ ਕੇ ਬੈਠੀ ਮੇਰੀ ਸੌਕਣ (ਮਾਇਆ) ਤੋਂ ਖ਼ਲਾਸੀ ਕਰਾ ਦਿੱਤੀ ਹੈ।

18144	394	ਪ੍ਰਿਅ ਸੋਹਾਗਨਿ ਸੀਗਾਰਿ ਕਰੀ॥		Pria Sohaagan Seegaar Karee ||	My Beloved Husband has decorated me, His happy soul-bride.	ਪਿਆਰੇ ਨੇ ਸੁਹਾਗਣ ਬਣਾ ਕੇ ਮੈਨੂੰ (ਮੇਰੇ ਆਤਮਕ ਜੀਵਨ ਨੂੰ) ਸੁੰਦਰ ਬਣਾ ਦਿੱਤਾ ਹੈ,
18145	394	ਮਨ ਮੇਰੇ ਕੀ ਤਪਤਿ ਹਰੀ॥੧॥		Man Maerae Kee Thapath Haree ||1||	He has quieted the burning thirst of my mind. ||1||	ਤੇ ਮੇਰੇ ਮਨ ਦੀ (ਤ੍ਰਿਸ਼ਨਾ ਦੀ) ਤਪਸ਼ ਦੂਰ ਕਰ ਦਿੱਤੀ ਹੈ ॥੧॥
18146	394	ਭਲੋ ਭਇਓ ਪ੍ਰਿਅ ਕਹਿਆ ਮਾਨਿਆ॥		Bhalo Bhaeiou Pria Kehiaa Maaniaa ||	It is good that I submitted to the Will of my Beloved Lord.	(ਹੇ ਸਖੀ!) ਮੇਰੇ ਭਾਗ ਜਾਗ ਪਏ ਹਨ (ਕਿ ਗੁਰੂ ਦੀ ਕਿਰਪਾ ਨਾਲ) ਮੈਂ ਪਿਆਰੇ (ਪ੍ਰਭੂ-ਪਤੀ) ਦੀ ਰਜ਼ਾ (ਮਿੱਠੀ ਕਰ ਕੇ) ਮੰਨਣੀ ਸ਼ੁਰੂ ਕਰ ਦਿੱਤੀ ਹੈ,
18147	394	ਸੂਖੁ ਸਹਜੁ ਇਸੁ ਘਰ ਕਾ ਜਾਨਿਆ॥ਰਹਾਉ॥		Sookh Sehaj Eis Ghar Kaa Jaaniaa || Rehaao ||	I have realized celestial peace and poise within this home of mine. ||Pause||	ਹੁਣ ਮੇਰੇ ਇਸ ਹਿਰਦੇ-ਘਰ ਵਿਚ ਵੱਸਦੇ ਸੁਖ ਤੇ ਆਤਮਕ ਅਡੋਲਤਾ ਨਾਲ ਮੇਰੀ ਡੂੰਘੀ ਸਾਂਝ ਬਣ ਗਈ ਹੈ ਰਹਾਉ॥
18148	394	ਹਉ ਬੰਦੀ ਪ੍ਰਿਅ ਖਿਜਮਤਦਾਰ॥	(ਬੰਦੀ) ਦਾਸੀ। ਖਿਜਮਤ-ਦਾਰ:ਪੋਲਾ ਬੋਲੋ। (ਖਿਜਮਤਦਾਰ) ਸੇਵਾ ਕਰਨ ਵਾਲੀ	Ho Bandhee Pria Khijamathadhaar ||	I am the hand-maiden, the attendant of my Beloved Lord.	(ਹੇ ਸਖੀ! ਹੁਣ) ਮੈਂ ਪਿਆਰੇ ਪ੍ਰਭੂ-ਪਤੀ ਦੀ ਦਾਸੀ ਬਣ ਗਈ ਹਾਂ ਸੇਵਾਦਾਰਨੀ ਬਣ ਗਈ ਹਾਂ।
18149	394	ਓਹੁ ਅਬਿਨਾਸੀ ਅਗਮ ਅਪਾਰ॥	ਅ-ਗਮ:ਪੋਲਾ ਬੋਲੋ। (ਅਗਮ) ਸੋਗ ਰਹਿਤ	Ouhu Abinaasee Agam Apaar ||	He is eternal and imperishable, inaccessible and infinite.	(ਹੇ ਸਖੀ! ਮੇਰਾ) ਉਹ (ਪਤੀ) ਕਦੇ ਮਰਨ ਵਾਲਾ ਨਹੀਂ, ਅਪਹੁੰਚ ਤੇ ਬੇਅੰਤ ਹੈ।

18150	394	ਲੇ ਪਖਾ ਪ੍ਰਿਅ ਝਲਉ ਪਾਏ॥	(ਝੱਲਉ)ਝੱਲਦੀ। (ਪਾਏ) ਚਰਨ	Lae Pakhaa Pria Jhalo Paaeae ||	Holding the fan, sitting at His Feet, I wave it over my Beloved.	(ਹੇ ਸਖੀ! ਗੁਰੂ ਦੀ ਕਿਰਪਾ ਨਾਲ ਜਦੋਂ ਤੋਂ) ਪੱਖਾ (ਹੱਥ ਵਿਚ) ਫੜ ਕੇ ਉਸ ਦੇ ਪੈਰਾਂ ਵਿਚ ਖਲੋ ਕੇ ਮੈਂ ਉਸ ਪਿਆਰੇ ਨੂੰ ਝੱਲਦੀ ਰਹਿੰਦੀ ਹਾਂ,
18151	394	ਭਾਗਿ ਗਏ ਪੰਚ ਦੂਤ ਲਾਵੇ॥੨॥	(ਲਾਵੇ) ਕੱਟਣ ਵਾਲੇ	Bhaag Geae Panch Dhooth Laavae ||2||	The five demons who tortured me have run away. ||2||	(ਤਦੋਂ ਤੋਂ ਮੇਰੇ ਆਤਮਕ ਜੀਵਨ ਦੀਆਂ ਜੜ੍ਹਾਂ) ਕੱਟਣ ਵਾਲੇ ਕਾਮਾਦਿਕ ਪੰਜੇ ਵੈਰੀ ਭੱਜ ਗਏ ਹਨ ॥੨॥
18152	394	ਨਾ ਮੈ ਕੁਲੁ ਨਾ ਸੋਭਾਵੰਤ॥	ਕੁਲੁ: ਪੋਲਾ ਬੋਲੋ	Naa Mai Kul Naa Sobhaavanth ||	I am not from a noble family, and I am not beautiful.	(ਹੇ ਸਖੀ!) ਨਾਹ ਮੇਰਾ ਕੋਈ ਉੱਚਾ ਖ਼ਾਨਦਾਨ ਹੈ, ਨਾਹ (ਕਿਸੇ ਗੁਣਾਂ ਦੀ ਬਰਕਤਿ ਨਾਲ) ਮੈਂ ਸੋਭਾ ਦੀ ਮਾਲਕ ਹਾਂ,
18153	394	ਕਿਆ ਜਾਨਾ ਕਿਉ ਭਾਨੀ ਕੰਤ॥	(ਭਾਨੀ) ਭਾਈ	Kiaa Jaanaa Kio Bhaanee Kanth ||	What do I know? Why am I pleasing to my Beloved?	ਮੈਨੂੰ ਪਤਾ ਨਹੀਂ ਮੈਂ ਕਿਵੇਂ ਪ੍ਰਭੂ-ਪਤੀ ਨੂੰ ਚੰਗੀ ਲੱਗ ਰਹੀ ਹਾਂ।
18154	394	ਮੋਹਿ ਅਨਾਥ ਗਰੀਬ ਨਿਮਾਨੀ॥		Mohi Anaathh Gareeb Nimaanee ||	I am a poor orphan, destitute and dishonored.	(ਹੇ ਸਖੀ! ਇਹ ਗੁਰੂ ਪਾਤਿਸ਼ਾਹ ਦੀ ਹੀ ਮੇਹਰ ਹੈ ਕਿ) ਮੈਨੂੰ ਅਨਾਥ ਨੂੰ ਗ਼ਰੀਬਣੀ ਨੂੰ ਨਿਮਾਣੀ ਨੂੰ-
18155	394	ਕੰਤ ਪਕਰਿ ਹਮ ਕੀਨੀ ਰਾਨੀ॥੩॥		Kanth Pakar Ham Keenee Raanee ||3||	My Husband took me in, and made me His queen. ||3||	ਕੰਤ-ਪ੍ਰਭੂ ਨੇ (ਬਾਹੋਂ) ਫੜ ਕੇ ਆਪਣੀ ਰਾਣੀ ਬਣਾ ਲਿਆ ਹੈ ॥੩॥
18156	394	ਜਬ ਮੁਖਿ ਪ੍ਰੀਤਮੁ ਸਾਜਨੁ ਲਾਗਾ॥		Jab Mukh Preetham Saajan Laagaa ||	When I saw my Beloved's face before me,	(ਹੇ ਸਹੇਲੀਏ! ਜਦੋਂ ਤੋਂ) ਮੈਨੂੰ ਮੇਰਾ ਸੱਜਣ ਪ੍ਰੀਤਮ ਮਿਲਿਆ ਹੈ,

18157	394	ਸੂਖ ਸਹਜ ਮੇਰਾ ਧਨੁ ਸੋਹਾਗਾ॥		Sookh Sehaj Maeraa Dhhan Sohaagaa ||	I became so happy and peaceful; my married life was blessed.	ਮੇਰੇ ਅੰਦਰ ਆਨੰਦ ਬਣ ਰਿਹਾ ਹੈ ਆਤਮਕ ਅਡੋਲਤਾ ਪੈਦਾ ਹੋ ਗਈ ਹੈ, ਮੇਰੇ ਭਾਗ ਜਾਗ ਪਏ ਹਨ।
18158	394	ਕਹੁ ਨਾਨਕ ਮੋਰੀ ਪੂਰਨ ਆਸਾ॥		Kahu Naanak Moree Pooran Aasaa ||	Says Nanak, my desires are fulfilled.	ਨਾਨਕ ਆਖਦਾ ਹੈ- (ਹੇ ਸਹੇਲੀਏ! ਪ੍ਰਭੂ-ਪਤੀ ਦੇ ਮਿਲਾਪ ਦੀ) ਮੇਰੀ ਆਸ ਪੂਰੀ ਹੋ ਗਈ ਹੈ,
18159	394	ਸਤਿਗੁਰ ਮੇਲੀ ਪ੍ਰਭ ਗੁਣਤਾਸਾ॥੪॥੧॥੯੫॥		Sathigur Maelee Prabh Gunathaasaa ||4||1||95||	The True Guru has united me with God, the treasure of excellence. ||4||1||95||	ਸਤਿਗੁਰੂ ਨੇ ਹੀ ਮੈਨੂੰ ਗੁਣਾਂ ਦੇ ਖ਼ਜ਼ਾਨੇ ਉਸ ਪ੍ਰਭੂ ਨਾਲ ਮਿਲਾਇਆ ਹੈ ॥੪॥੧॥੯੫॥
18160	394	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18161	394	ਮਾਥੈ ਤ੍ਰਿਕੁਟੀ ਦ੍ਰਿਸਟਿ ਕਰੂਰਿ॥	(ਤ੍ਰਿਕੁਟੀ) ਤਿਉੜੀ (ਕਰੂਰਿ) ਕ੍ਰੋਧ ਚ	Maathhai Thrikuttee Dhrisatt Karoor ||	A frown creases her forehead, and her look is evil.	(ਹੇ ਭਾਈ! ਉਸ ਮਾਇਆ-ਇਸਤ੍ਰੀ ਦੇ) ਮੱਥੇ ਉਤੇ ਤ੍ਰਿਉੜੀ (ਪਈ ਰਹਿੰਦੀ) ਹੈ ਉਸ ਦੀ ਨਿਗਾਹ ਗੁੱਸੇ ਨਾਲ ਭਰੀ ਰਹਿੰਦੀ ਹੈ,
18162	394	ਬੋਲੈ ਕਉੜਾ ਜਿਹਬਾ ਕੀ ਫੂੜਿ॥	(ਫੂੜਿ) ਮੰਦਾ ਬੋਲਣ ਵਾਲੀ	Bolai Kourraa Jihabaa Kee Foorr ||	Her speech is bitter, and her tongue is rude.	ਉਹ (ਸਦਾ) ਕੌੜਾ ਬੋਲਦੀ ਹੈ, ਜੀਭ ਦੀ ਖਰ੍ਹਵੀ ਹੈ।

18163	394	ਸਦਾ ਭੂਖੀ ਪਿਰੁ ਜਾਨੈ ਦੂਰਿ॥੧॥		Sadhaa Bhookhee Pir Jaanai Dhoor ||1||	She is always hungry, and she believes her Husband to be far away. ||1||	(ਸਾਰੇ ਜਗਤ ਦੇ ਆਤਮਕ ਜੀਵਨ ਨੂੰ ਹੜੱਪ ਕਰ ਕੇ ਭੀ) ਉਹ ਭੁੱਖੀ ਟਿਕੀ ਰਹਿੰਦੀ ਹੈ (ਜਗਤ ਵਿਚ ਆ ਰਹੇ ਸਭ ਜੀਵਾਂ ਨੂੰ ਹੜੱਪ ਕਰਨ ਲਈ ਤਿਆਰ ਰਹਿੰਦੀ ਹੈ) ਉਹ (ਮਾਇਆ-ਇਸਤ੍ਰੀ) ਪ੍ਰਭੂ-ਪਤੀ ਨੂੰ ਕਿਤੇ ਦੂਰ-ਵੱਸਦਾ ਸਮਝਦੀ ਹੈ (ਪ੍ਰਭੂ-ਪਤੀ ਦੀ ਪਰਵਾਹ ਨਹੀਂ ਕਰਦੀ) ॥੧॥
18164	394	ਐਸੀ ਇਸਤ੍ਰੀ ਇਕ ਰਾਮਿ ਉਪਾਈ॥		Aisee Eisathree Eik Raam Oupaaee ||	Such is Maya, the woman, which the One Lord has created.	ਹੇ ਮੇਰੇ ਵੀਰ! ਪਰਮਾਤਮਾ ਨੇ (ਮਾਇਆ) ਇਕ ਅਜੇਹੀ ਇਸਤ੍ਰੀ ਪੈਦਾ ਕੀਤੀ ਹੋਈ ਹੈ,
18165	394	ਉਨਿ ਸਭੁ ਜਗੁ ਖਾਇਆ ਹਮ ਗੁਰਿ ਰਾਖੇ ਮੇਰੇ ਭਾਈ॥ਰਹਾਉ॥		Oun Sabh Jag Khaaeiaa Ham Gur Raakhae Maerae Bhaaee || Rehaao ||	She is devouring the whole world, but the Guru has saved me, O my Siblings of Destiny. ||Pause||	ਕਿ ਉਸ ਨੇ ਸਾਰੇ ਜਗਤ ਨੂੰ ਖਾ ਲਿਆ ਹੈ (ਆਪਣੇ ਕਾਬੂ ਵਿਚ ਕੀਤਾ ਹੋਇਆ ਹੈ), ਮੈਨੂੰ ਤਾਂ ਗੁਰੂ ਨੇ (ਉਸ ਮਾਇਆ-ਇਸਤ੍ਰੀ ਤੋਂ) ਬਚਾ ਰੱਖਿਆ ਹੈ ਰਹਾਉ॥
18166	394	ਪਾਇ ਠਗਉਲੀ ਸਭੁ ਜਗੁ ਜੋਹਿਆ॥	(ਜੋਹਿਆ) ਤੱਕ ਚ ਰੱਖਿਆ	Paae Thagoulee Sabh Jag Johiaa ||	Administering her poisons, she has overcome the whole world.	(ਹੇ ਭਾਈ! ਮਾਇਆ-ਇਸਤ੍ਰੀ ਨੇ) ਠਗਬੂਟੀ ਖਵਾ ਕੇ ਸਾਰੇ ਜਗਤ ਨੂੰ ਆਪਣੀ ਤੱਕ ਵਿਚ ਰੱਖਿਆ ਹੋਇਆ ਹੈ।
18167	394	ਬ੍ਰਹਮਾ ਬਿਸਨੁ ਮਹਾਦੇਉ ਮੋਹਿਆ॥	(ਮਹਾਦੇਉ) ਸ਼ਿਵਜੀ	Brehamaa Bisan Mehaadhaeo Mohiaa ||	She has bewitched Brahma, Vishnu and Shiva.	(ਜੀਵਾਂ ਦੀ ਕੀਹ ਪਾਇਆਂ ਹੈ? ਉਸ ਨੇ ਤਾਂ) ਬ੍ਰਹਮਾ ਨੂੰ ਵਿਸ਼ਨੂੰ ਨੂੰ ਸ਼ਿਵ ਨੂੰ ਆਪਣੇ ਮੋਹ ਵਿਚ ਫਸਾਇਆ ਹੋਇਆ ਹੈ।

18168	394	ਗੁਰਮੁਖਿ ਨਾਮਿ ਲਗੇ ਸੇ ਸੋਹਿਆ॥੨॥	(ਸੋਹਿਆ) ਸੋਭਨੀਕ	Guramukh Naam Lagae Sae Sohiaa ||2||	Only those Gurmukhs who are attuned to the Naam are blessed. ||2||	ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਵਿਚ ਜੁੜੇ ਰਹਿੰਦੇ ਹਨ ਉਹ (ਉਸ ਤੋਂ ਬਚ ਕੇ) ਸੋਹਣੇ ਆਤਮਕ ਜੀਵਨ ਵਾਲੇ ਬਣੇ ਰਹਿੰਦੇ ਹਨ ॥੨॥
18169	394	ਵਰਤ ਨੇਮ ਕਰਿ ਥਾਕੇ ਪੁਨਹਚਰਨਾ॥	(ਪੁਨਹ-ਚਰਨਾ) ਕਾਰਜ ਸਿੱਧੀ ਲਈ ਕਰਮ। ਥੱਕੇ	Varath Naem Kar Thhaakae Punehacharanaa ||	Performing fasts, religious observances and atonements, the mortals have grown weary.	(ਹੇ ਭਾਈ! ਅਨੇਕਾਂ ਲੋਕ) ਵਰਤ ਰੱਖ ਰੱਖ ਕੇ ਧਾਰਮਿਕ ਨੇਮ ਨਿਬਾਹ ਨਿਬਾਹ ਕੇ ਤੇ (ਕੀਤੇ ਪਾਪਾਂ ਦਾ ਪ੍ਰਭਾਵ ਮਿਟਾਣ ਲਈ) ਪਛੁਤਾਵੇ ਵਜੋਂ ਧਾਰਮਿਕ ਰਸਮਾਂ ਕਰ ਕਰ ਕੇ ਥੱਕ ਗਏ,
18170	394	ਤਟ ਤੀਰਥ ਭਵੇ ਸਭ ਧਰਨਾ॥	(ਧਰਨਾ) ਧਰਤੀ	Thatt Theerathh Bhavae Sabh Dhharanaa ||	They wander over the entire planet, on pilgrimages to the banks of sacred rivers.	ਅਨੇਕਾਂ ਤੀਰਥਾਂ ਉਤੇ ਸਾਰੀ ਧਰਤੀ ਉਤੇ ਭਉਂ ਚੁਕੇ (ਪਰ ਇਸ ਮਾਇਆ-ਇਸਤ੍ਰੀ ਤੋਂ ਨਾਹ ਬਚ ਸਕੇ)।
18171	394	ਸੇ ਉਬਰੇ ਜਿ ਸਤਿਗੁਰ ਕੀ ਸਰਨਾ॥੩॥		Sae Oubarae J Sathigur Kee Saranaa ||3||	But they alone are saved, who seek the Sanctuary of the True Guru. ||3||	(ਹੇ ਭਾਈ!) ਸਿਰਫ਼ ਉਹੀ ਬੰਦੇ ਬਚਦੇ ਹਨ ਜੇਹੜੇ ਗੁਰੂ ਦੀ ਸਰਨ ਪੈਂਦੇ ਹਨ ॥੩॥
18172	394	ਮਾਇਆ ਮੋਹਿ ਸਭੋ ਜਗੁ ਬਾਧਾ॥		Maaeiaa Mohi Sabho Jag Baadhhaa ||	Attached to Maya, the whole world is in bondage.	(ਹੇ ਭਾਈ!) ਸਾਰਾ ਜਗਤ ਮਾਇਆ ਦੇ ਮੋਹ ਵਿਚ ਬੱਝਾ ਪਿਆ ਹੈ,
18173	394	ਹਉਮੈ ਪਚੈ ਮਨਮੁਖ ਮੂਰਾਖਾ॥	ਪਚੈ:ਪੋਲਾ ਬੋਲੋ। (ਪਚੈ) ਸੜਦਾ। (ਮੂਰਾਖਾ)ਮੂਰਖ	Houmai Pachai Manamukh Mooraakhaa ||	The foolish self-willed manmukhs are consumed by their egotism.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮੂਰਖ ਮਨੁੱਖ ਹਉਮੈ ਵਿਚ ਖ਼ੁਆਰ ਹੁੰਦਾ ਰਹਿੰਦਾ ਹੈ।

18174	394	ਗੁਰ ਨਾਨਕ ਬਾਹ ਪਕਰਿ ਹਮ ਰਾਖਾ॥੪॥੨॥੯੬॥		Gur Naanak Baah Pakar Ham Raakhaa ||4||2||96||	Taking me by the arm, Guru Nanak has saved me. ||4||2||96||	ਹੇ ਨਾਨਕ! (ਆਖ-) ਹੇ ਗੁਰੂ! ਮੈਨੂੰ ਤੂੰ ਹੀ ਮੇਰੀ ਬਾਂਹ ਫੜ ਕੇ (ਇਸ ਦੇ ਪੰਜੇ ਤੋਂ) ਬਚਾਇਆ ਹੈ ॥੪॥੨॥੯੬॥
18175	394	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18176	394	ਸਰਬ ਦੂਖ ਜਬ ਬਿਸਰਹਿ ਸੁਆਮੀ॥		Sarab Dhookh Jab Bisarehi Suaamee ||	Everything is painful, when one forgets the Lord Master.	ਹੇ ਮਾਲਕ-ਪ੍ਰਭੂ! ਜਦੋਂ (ਕਿਸੇ ਜੀਵ ਦੇ ਮਨ ਵਿਚੋਂ) ਤੂੰ ਵਿਸਰ ਜਾਂਦਾ ਹੈਂ ਤਾਂ ਉਸ ਨੂੰ ਸਾਰੇ ਦੁੱਖ ਆ ਘੇਰਦੇ ਹਨ,
18177	394	ਈਹਾ ਊਹਾ ਕਾਮਿ ਨ ਪ੍ਰਾਨੀ॥੧॥		Eehaa Oohaa Kaam N Praanee ||1||	Here and hereafter, such a mortal is useless. ||1||	ਉਹ ਜੀਵ ਲੋਕ ਪਰਲੋਕ ਵਿਚ ਕਿਸੇ ਕੰਮ ਨਹੀਂ ਆਉਂਦਾ (ਉਸ ਦਾ ਜੀਵਨ ਵਿਅਰਥ ਹੋ ਜਾਂਦਾ ਹੈ) ॥੧॥
18178	394	ਸੰਤ ਤ੍ਰਿਪਤਾਸੇ ਹਰਿ ਹਰਿ ਧ੍ਯਾਇ॥	(ਤ੍ਰਿਪਤਾਸੇ) ਰੱਜੇ। ਧਿਆਇ	Santh Thripathaasae Har Har Dhhyaae ||	The Saints are satisfied, meditating on the Lord, Har, Har.	ਹੇ ਪ੍ਰਭੂ! ਤੇਰੀ ਰਜ਼ਾ ਵਿਚ ਤੁਰਿਆਂ ਸਾਰੇ ਸੁਖ ਪ੍ਰਾਪਤ ਹੁੰਦੇ ਹਨ।
18179	395	ਕਰਿ ਕਿਰਪਾ ਅਪੁਨੈ ਨਾਇ ਲਾਏ ਸਰਬ ਸੂਖ ਪ੍ਰਭ ਤੁਮਰੀ ਰਜਾਇ॥ਰਹਾਉ॥		Kar Kirapaa Apunai Naae Laaeae Sarab Sookh Prabh Thumaree Rajaae || Rehaao ||	Bestowing Your Mercy, God, You attach us to Your Name; all peace comes by Your Will. ||Pause||	ਹੇ ਪ੍ਰਭੂ! ਜਿਨ੍ਹਾਂ ਮਨੁੱਖਾਂ ਨੂੰ ਤੂੰ ਮੇਹਰ ਕਰ ਕੇ ਆਪਣੇ ਨਾਮ ਵਿਚ ਜੋੜੀ ਰੱਖਦਾ ਹੈਂ ਉਹ (ਤੇਰੇ) ਸੰਤ ਜਨ ਤੇਰਾ ਹਰਿ-ਨਾਮ ਸਿਮਰ ਸਿਮਰ ਕੇ (ਮਾਇਆ ਦੀ ਤ੍ਰਿਸ਼ਨਾ ਵੱਲੋਂ) ਰੱਜੇ ਰਹਿੰਦੇ ਹਨ ਰਹਾਉ॥

18180	395	ਸੰਗਿ ਹੋਵਤ ਕਉ ਜਾਨਤ ਦੂਰਿ॥		Sang Hovath Ko Jaanath Dhoor ||	The Lord is Ever-present; one who deems Him to be far away,	(ਹੇ ਭਾਈ!) ਜੇਹੜਾ ਮਨੁੱਖ ਆਪਣੇ ਅੰਗ-ਸੰਗ ਵੱਸਦੇ ਪਰਮਾਤਮਾ ਨੂੰ ਕਿਤੇ ਦੂਰ ਵੱਸਦਾ ਸਮਝਦਾ ਹੈ,
18181	395	ਸੋ ਜਨੁ ਮਰਤਾ ਨਿਤ ਨਿਤ ਝੂਰਿ॥੨॥		So Jan Marathaa Nith Nith Jhoor ||2||	Dies again and again, repenting. ||2||	ਉਹ ਸਦਾ (ਮਾਇਆ ਦੀ ਤ੍ਰਿਸ਼ਨਾ ਦੇ ਅਧੀਨ) ਖਿੱਝ ਖਿੱਝ ਕੇ ਆਤਮਕ ਮੌਤ ਸਹੇੜੀ ਰੱਖਦਾ ਹੈ ॥੨॥
18182	395	ਜਿਨਿ ਸਭੁ ਕਿਛੁ ਦੀਆ ਤਿਸੁ ਚਿਤਵਤ ਨਾਹਿ॥		Jin Sabh Kishh Dheeaa This Chithavath Naahi ||	The mortals do not remember the One, who has given them everything.	(ਹੇ ਭਾਈ!) ਜਿਸ ਪਰਮਾਤਮਾ ਨੇ ਹਰੇਕ ਚੀਜ਼ ਦਿੱਤੀ ਹੈ ਜੇਹੜਾ ਮਨੁੱਖ ਉਸ ਨੂੰ ਚੇਤੇ ਨਹੀਂ ਕਰਦਾ,
18183	395	ਮਹਾ ਬਿਖਿਆ ਮਹਿ ਦਿਨੁ ਰੈਨਿ ਜਾਹਿ॥੩॥		Mehaa Bikhiaa Mehi Dhin Rain Jaahi ||3||	Engrossed in such terrible corruption, their days and nights waste away. ||3||	ਉਸ ਦੇ (ਜ਼ਿੰਦਗੀ ਦੇ) ਸਾਰੇ ਰਾਤ ਦਿਨ ਡਾਢੀ ਮਾਇਆ (ਦੇ ਮੋਹ) ਵਿਚ (ਫਸਿਆਂ ਹੀ) ਗੁਜ਼ਰਦੇ ਹਨ ॥੩॥
18184	395	ਕਹੁ ਨਾਨਕ ਪ੍ਰਭੁ ਸਿਮਰਹੁ ਏਕ॥		Kahu Naanak Prabh Simarahu Eaek ||	Says Nanak, meditate in remembrance of the One Lord God.	ਨਾਨਕ ਆਖਦਾ ਹੈ- (ਹੇ ਭਾਈ!) ਪੂਰੇ ਗੁਰੂ ਦੀ ਸਰਨ ਪੈ ਕੇ ਇਕ ਪਰਮਾਤਮਾ ਨੂੰ ਯਾਦ ਕਰਦੇ ਰਿਹਾ ਕਰੋ।
18185	395	ਗਤਿ ਪਾਈਐ ਗੁਰ ਪੂਰੇ ਟੇਕ॥੪॥੩॥੯੭॥		Gath Paaeeai Gur Poorae Ttaek ||4||3||97||	Salvation is obtained, in the Shelter of the Perfect Guru. ||4||3||97||	(ਇਸ ਤਰ੍ਹਾਂ) ਉੱਚੀ ਆਤਮਕ ਅਵਸਥਾ ਪ੍ਰਾਪਤ ਹੋ ਜਾਂਦੀ ਹੈ (ਤੇ ਮਾਇਆ ਦੀ ਤ੍ਰਿਸ਼ਨਾ ਵਿਚ ਨਹੀਂ ਫਸੀਦਾ) ॥੪॥੩॥੯੭॥
18186	395	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

18187	395	ਨਾਮੁ ਜਪਤ ਮਨੁ ਤਨੁ ਸਭੁ ਹਰਿਆ॥		Naam Japath Man Than Sabh Hariaa ||	Meditating on the Naam, the Name of the Lord, the mind and body are totally rejuvenated.	(ਹੇ ਭਾਈ! ਜਿਵੇਂ ਪਾਣੀ ਮਿਲਣ ਨਾਲ ਰੁੱਖ ਹਰਾ ਹੋ ਜਾਂਦਾ ਹੈ, ਰੁੱਖ ਵਿਚ, ਮਾਨੋ, ਜਿੰਦ ਰੁਮਕ ਪੈਂਦੀ ਹੈ ਤਿਵੇਂ) ਪਰਮਾਤਮਾ ਦਾ ਨਾਮ ਜਪਣ ਨਾਲ (ਨਾਮ-ਜਲ ਨਾਲ) ਮਨੁੱਖ ਦਾ ਮਨ ਮਨੁੱਖ ਦਾ ਹਿਰਦਾ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ।
18188	395	ਕਲਮਲ ਦੋਖ ਸਗਲ ਪਰਹਰਿਆ॥੧॥	(ਕਲਮਲ) ਪਾਪ। (ਪਰਹਰਿਆ) ਦੂਰ ਹੋਏ	Kalamal Dhokh Sagal Parehariaa ||1||	All sins and sorrows are washed away. ||1||	(ਉਸ ਦੇ ਅੰਦਰੋਂ) ਸਾਰੇ ਪਾਪ ਐਬ ਦੂਰ ਹੋ ਜਾਂਦੇ ਹਨ ॥੧॥
18189	395	ਸੋਈ ਦਿਵਸੁ ਭਲਾ ਮੇਰੇ ਭਾਈ॥		Soee Dhivas Bhalaa Maerae Bhaaee ||	How blessed is that day, O my Siblings of Destiny,	ਹੇ ਮੇਰੇ ਵੀਰ! ਸਿਰਫ਼ ਉਹੀ ਦਿਨ (ਮਨੁੱਖ ਵਾਸਤੇ) ਸੁਲੱਖਣਾ ਹੁੰਦਾ ਹੈ,
18190	395	ਹਰਿ ਗੁਨ ਗਾਇ ਪਰਮਗਤਿ ਪਾਈ॥ਰਹਾਉ॥		Har Gun Gaae Param Gath Paaee || Rehaao ||	When the Glorious Praises of the Lord are sung, and the supreme status is obtained. ||Pause||	ਜਦੋਂ ਉਹ ਪਰਮਾਤਮਾ ਦੇ ਗੁਣ ਗਾ ਕੇ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰਦਾ ਹੈ ਰਹਾਉ॥
18191	395	ਸਾਧ ਜਨਾ ਕੇ ਪੂਜੇ ਪੈਰ॥		Saadhh Janaa Kae Poojae Pair ||	Worshipping the feet of the Holy Saints,	ਜੇਹੜਾ ਮਨੁੱਖ ਗੁਰਮੁਖਾਂ ਦੇ ਪੈਰ ਪੂਜਦਾ ਹੈ,
18192	395	ਮਿਟੇ ਉਪਦ੍ਰਹ ਮਨ ਤੇ ਬੈਰ॥੨॥	(ਉ-ਪੱਦ੍ਰਹ) ਵਿਘਨ	Mittae Oupadhreh Man Thae Bair ||2||	Troubles and hatred are eliminated from the mind. ||2||	ਉਸ ਦੇ ਮਨ ਵਿਚੋਂ ਸਾਰੀਆਂ ਛੇੜ-ਖ਼ਾਨੀਆਂ ਸਾਰੇ ਵੈਰ-ਵਿਰੋਧ ਮਿੱਟ ਜਾਂਦੇ ਹਨ ॥੨॥

18193	395	ਗੁਰ ਪੂਰੇ ਮਿਲਿ ਝਗਰੁ ਚੁਕਾਇਆ॥		Gur Poorae Mil Jhagar Chukaaeiaa ||	Meeting with the Perfect Guru, conflict is ended,	(ਹੇ ਭਾਈ!) ਜਿਸ ਮਨੁੱਖ ਨੇ ਗੁਰੂ ਨੂੰ ਮਿਲ ਕੇ (ਆਪਣੇ ਅੰਦਰੋਂ ਵਿਕਾਰਾਂ ਦਾ) ਰੌਲਾ ਮੁਕਾ ਲਿਆ,
18194	395	ਪੰਚ ਦੂਤ ਸਭਿ ਵਸਗਤਿ ਆਇਆ॥੩॥	ਵੱਸ-ਗਤਿ। ਗਤਿ: ਪੋਲਾ ਬੋਲੋ	Panch Dhooth Sabh Vasagath Aaeiaa ||3||	And the five demons are totally subdued. ||3||	ਕਾਮਾਦਿਕ ਪੰਜੇ ਵੈਰੀ ਸਾਰੇ ਉਸ ਦੇ ਕਾਬੂ ਵਿਚ ਆ ਜਾਂਦੇ ਹਨ ॥੩॥
18195	395	ਜਿਸੁ ਮਨਿ ਵਸਿਆ ਹਰਿ ਕਾ ਨਾਮੁ॥		Jis Man Vasiaa Har Kaa Naam ||	One whose mind is filled with the Name of the Lord,	ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ,
18196	395	ਨਾਨਕ ਤਿਸੁ ਊਪਰਿ ਕੁਰਬਾਨ॥੪॥੪॥੯੮॥		Naanak This Oopar Kurabaan ||4||4||98||	O Nanak - I am a sacrifice to him. ||4||4||98||	ਹੇ ਨਾਨਕ! (ਆਖ-) ਉਸ ਤੋਂ ਸਦਾ ਸਦਕੇ ਹੋਣਾ ਚਾਹੀਦਾ ਹੈ ॥੪॥੪॥੯੮॥
18197	395	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18198	395	ਗਾਵਿ ਲੇਹਿ ਤੂ ਗਾਵਨਹਾਰੇ॥		Gaav Laehi Thoo Gaavanehaarae ||	O singer, sing of the One,	ਹੇ ਭਾਈ! ਜਦ ਤਕ ਗਾਵਣ ਦੀ ਸਮਰਥਾ ਹੈ ਉਸ ਪਰਮਾਤਮਾ ਦੇ ਗੁਣ ਗਾਂਦਾ ਰਹੁ,
18199	395	ਜੀਅ ਪਿੰਡ ਕੇ ਪ੍ਰਾਨ ਅਧਾਰੇ॥		Jeea Pindd Kae Praan Adhhaarae ||	Who is the Support of the soul, the body and the breath of life.	ਜੋ ਤੇਰੀ ਜਿੰਦ ਦਾ ਆਸਰਾ ਹੈ ਜੋ ਤੇਰੇ ਸਰੀਰ ਦਾ ਆਸਰਾ ਹੈ ਜੋ ਤੇਰੇ ਪ੍ਰਾਣਾਂ ਦਾ ਆਸਰਾ ਹੈ,

18200	395	ਜਾ ਕੀ ਸੇਵਾ ਸਰਬ ਸੁਖ ਪਾਵਹਿ॥		Jaa Kee Saevaa Sarab Sukh Paavehi ||	Serving Him, all peace is obtained.	ਜਿਸ ਦੀ ਸੇਵਾ-ਭਗਤੀ ਕਰ ਕੇ ਤੂੰ ਸਾਰੇ ਸੁਖ ਹਾਸਲ ਕਰ ਲਏਂਗਾ,
18201	395	ਅਵਰ ਕਾਹੂ ਪਹਿ ਬਹੁੜਿ ਨ ਜਾਵਹਿ॥੧॥		Avar Kaahoo Pehi Bahurr N Jaavehi ||1||	You shall no longer go to any other. ||1||	(ਤੇ ਸੁਖਾਂ ਦੀ ਭਾਲ ਵਿਚ) ਕਿਸੇ ਹੋਰ ਪਾਸ ਮੁੜ ਜਾਣ ਦੀ ਲੋੜ ਨਹੀਂ ਪਏਗੀ ॥੧॥
18202	395	ਸਦਾ ਅਨੰਦ ਅਨੰਦੀ ਸਾਹਿਬੁ ਗੁਨ ਨਿਧਾਨ ਨਿਤ ਨਿਤ ਜਾਪੀਐ॥		Sadhaa Anandh Anandhee Saahib Gun Nidhhaan Nith Nith Jaapeeai ||	My Blissful Lord Master is forever in bliss; meditate continually and forever, on the Lord, the treasure of excellence.	(ਹੇ ਭਾਈ!) ਉਸ ਮਾਲਕ-ਪ੍ਰਭੂ (ਦੇ ਨਾਮ) ਨੂੰ ਸਦਾ ਹੀ ਜਪਣਾ ਚਾਹੀਦਾ ਹੈ ਜੋ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ ਜੋ ਸਦਾ ਆਨੰਦ ਦਾ ਸੋਮਾ ਹੈ।
18203	395	ਬਲਿਹਾਰੀ ਤਿਸੁ ਸੰਤ ਪਿਆਰੇ ਜਿਸੁ ਪ੍ਰਸਾਦਿ ਪ੍ਰਭੁ ਮਨਿ ਵਾਸੀਐ॥ਰਹਾਉ॥		Balihaaree This Santh Piaarae Jis Prasaadh Prabh Man Vaaseeai || Rehaao ||	I am a sacrifice to the Beloved Saints; by their kind favor, God comes to dwell in the mind. ||Pause||	(ਹੇ ਭਾਈ!) ਉਸ ਪਿਆਰੇ ਗੁਰੂ ਤੋਂ ਸਦਕੇ ਜਾਣਾ ਚਾਹੀਦਾ ਹੈ ਜਿਸ ਦੀ ਕਿਰਪਾ ਨਾਲ ਪਰਮਾਤਮਾ ਨੂੰ ਮਨ ਵਿਚ ਵਸਾ ਸਕੀਦਾ ਹੈ ਰਹਾਉ॥
18204	395	ਜਾ ਕਾ ਦਾਨੁ ਨਿਖੂਟੈ ਨਾਹੀ॥	(ਨਿਖੂਟੈ) ਮੁੱਕਦਾ	Jaa Kaa Dhaan Nikhoottai Naahee ||	His gifts are never exhausted.	ਹੇ ਭਾਈ! ਜਿਸ ਦੀ ਦਿੱਤੀ ਹੋਈ ਦਾਤਿ ਕਦੇ ਮੁੱਕਦੀ ਨਹੀਂ,

18205	395	ਭਲੀ ਭਾਤਿ ਸਭ ਸਹਜਿ ਸਮਾਹੀ॥		Bhalee Bhaath Sabh Sehaj Samaahee ||	In His subtle way, He easily absorbs all.	(ਤੇ ਜੋ ਜੋ ਉਸ ਨੂੰ ਮਨ ਵਿਚ ਵਸਾਂਦੇ ਹਨ ਉਹ) ਸਾਰੇ ਚੰਗੀ ਤਰ੍ਹਾਂ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ,
18206	395	ਜਾ ਕੀ ਬਖਸ ਨ ਮੇਟੈ ਕੋਈ॥		Jaa Kee Bakhas N Maettai Koee ||	His benevolence cannot be erased.	ਜਿਸ ਦੀ ਕੀਤੀ ਬਖ਼ਸ਼ਸ਼ ਦੇ ਰਾਹ ਵਿਚ ਕੋਈ ਰੋਕ ਨਹੀਂ ਪਾ ਸਕਦਾ,
18207	395	ਮਨਿ ਵਾਸਾਈਐ ਸਾਚਾ ਸੋਈ॥੨॥		Man Vaasaaeeai Saachaa Soee ||2||	So enshrine that True Lord within your mind. ||2||	ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਹੀ ਸਦਾ ਆਪਣੇ ਮਨ ਵਿਚ ਵਸਾਣਾ ਚਾਹੀਦਾ ਹੈ ॥੨॥
18208	395	ਸਗਲ ਸਮਗ੍ਰੀ ਗ੍ਰਿਹ ਜਾ ਕੈ ਪੂਰਨ॥	ਸਮੱਗ੍ਰੀ	Sagal Samagree Grih Jaa Kai Pooran ||	His house is filled with all sorts of articles;	ਹੇ ਭਾਈ! ਜਿਸ (ਪ੍ਰਭੂ) ਦੇ ਘਰ ਵਿਚ (ਜੀਵਾਂ ਵਾਸਤੇ) ਸਾਰੇ ਪਦਾਰਥ ਭਰੇ ਪਏ ਰਹਿੰਦੇ ਹਨ,
18209	395	ਪ੍ਰਭ ਕੇ ਸੇਵਕ ਦੂਖ ਨ ਝੂਰਨ॥	(ਝੂਰਨ) ਪਛੁਤਾਵਾ	Prabh Kae Saevak Dhookh N Jhooran ||	God's servants never suffer pain.	ਜਿਸ ਦੇ ਸੇਵਕਾਂ ਨੂੰ ਕੋਈ ਦੁੱਖ ਕੋਈ ਝੋਰੇ ਪੋਹ ਨਹੀਂ ਸਕਦੇ,
18210	395	ਓਟਿ ਗਹੀ ਨਿਰਭਉ ਪਦੁ ਪਾਈਐ॥		Outt Gehee Nirabho Padh Paaeeai ||	Holding to His Support, the state of fearless dignity is obtained.	ਤੇ ਜਿਸ ਦਾ ਆਸਰਾ ਲਿਆਂ ਉਹ ਆਤਮਕ ਦਰਜਾ ਮਿਲ ਜਾਂਦਾ ਹੈ ਜਿਥੇ ਕੋਈ ਡਰ ਦਬਾ ਨਹੀਂ ਪਾ ਸਕਦਾ,
18211	395	ਸਾਸਿ ਸਾਸਿ ਸੋ ਗੁਨ ਨਿਧਿ ਗਾਈਐ॥੩॥		Saas Saas So Gun Nidhh Gaaeeai ||3||	With each and every breath, sing of the Lord, the treasure of excellence. ||3||	ਹਰੇਕ ਸਾਹ ਦੇ ਨਾਲ ਗੁਣਾਂ ਦੇ ਖ਼ਜ਼ਾਨੇ ਉਸ ਪ੍ਰਭੂ ਦੇ ਗੁਣ ਗਾਂਦੇ ਰਹਿਣਾ ਚਾਹੀਦਾ ਹੈ ॥੩॥

18212	395	ਦੂਰਿ ਨ ਹੋਈ ਕਤਹੂ ਜਾਈਐ॥		Dhoor N Hoee Kathehoo Jaaeeai ||	He is not far from us, wherever we go.	ਹੇ ਭਾਈ! ਉਹ ਪਰਮਾਤਮਾ ਸਾਥੋਂ ਦੂਰ ਨਹੀਂ ਵੱਸਦਾ, ਕਿਤੇ (ਦੂਰ) ਲੱਭਣ ਜਾਣ ਦੀ ਲੋੜ ਨਹੀਂ,
18213	395	ਨਦਰਿ ਕਰੇ ਤਾ ਹਰਿ ਹਰਿ ਪਾਈਐ॥		Nadhar Karae Thaa Har Har Paaeeai ||	When He shows His Mercy, we obtain the Lord, Har, Har.	ਉਸ ਦੀ ਪ੍ਰਾਪਤੀ ਤਦੋਂ ਹੀ ਹੋ ਸਕਦੀ ਹੈ ਜਦੋਂ ਉਹ ਆਪ ਮੇਹਰ ਦੀ ਨਜ਼ਰ ਕਰੇ।
18214	395	ਅਰਦਾਸਿ ਕਰੀ ਪੂਰੇ ਗੁਰ ਪਾਸਿ॥		Aradhaas Karee Poorae Gur Paas ||	I offer this prayer to the Perfect Guru.	ਹੇ ਭਾਈ! ਮੈਂ ਤਾਂ ਪੂਰੇ ਗੁਰੂ ਕੋਲ ਹੀ ਅਰਦਾਸ ਕਰਦਾ ਹਾਂ,
18215	395	ਨਾਨਕੁ ਮੰਗੈ ਹਰਿ ਧਨੁ ਰਾਸਿ॥੪॥੫॥੯੯॥		Naanak Mangai Har Dhhan Raas ||4||5||99||	Nanak begs for the treasure of the Lord's Name. ||4||5||99||	(ਤੇ ਆਖਦਾ ਹਾਂ-ਹੇ ਗੁਰੂ! ਤੇਰੇ ਪਾਸੋਂ) ਨਾਨਕ ਹਰਿ-ਨਾਮ-ਧਨ ਮੰਗਦਾ ਹੈ ਹਰਿ-ਨਾਮ ਦਾ ਸਰਮਾਇਆ ਮੰਗਦਾ ਹੈ ॥੪॥੫॥੯੯॥
18216	395	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18217	395	ਪ੍ਰਥਮੇ ਮਿਟਿਆ ਤਨ ਕਾ ਦੂਖ॥		Prathhamae Mittiaa Than Kaa Dhookh ||	First, the pains of the body vanish;	(ਹੇ ਭਾਈ! ਗੁਰੂ ਨੂੰ ਮਿਲਿਆਂ ਸਭ ਤੋਂ) ਪਹਿਲਾਂ ਮੇਰੇ ਸਰੀਰ ਦਾ ਹਰੇਕ ਦੁੱਖ ਮਿਟ ਗਿਆ,
18218	395	ਮਨ ਸਗਲ ਕਉ ਹੋਆ ਸੂਖੁ॥		Man Sagal Ko Hoaa Sookh ||	Then, the mind becomes totally peaceful.	ਫਿਰ ਮੇਰੇ ਮਨ ਨੂੰ ਪੂਰਨ ਆਨੰਦ ਪ੍ਰਾਪਤ ਹੋਇਆ।
18219	395	ਕਰਿ ਕਿਰਪਾ ਗੁਰ ਦੀਨੋ ਨਾਉ॥		Kar Kirapaa Gur Dheeno Naao ||	In His Mercy, the Guru bestows the Lord's Name.	ਗੁਰੂ ਨੇ ਕਿਰਪਾ ਕਰ ਕੇ ਮੈਨੂੰ ਪਰਮਾਤਮਾ ਦਾ ਨਾਮ ਦਿੱਤਾ।

18220	395	ਬਲਿ ਬਲਿ ਤਿਸੁ ਸਤਿਗੁਰ ਕਉ ਜਾਉ॥੧॥		Bal Bal This Sathigur Ko Jaao ||1||	I am a sacrifice, a sacrifice to that True Guru. ||1||	(ਹੇ ਭਾਈ!) ਮੈਂ ਉਸ ਗੁਰੂ ਤੋਂ ਕੁਰਬਾਨ ਜਾਂਦਾ ਹਾਂ ਸਦਕੇ ਜਾਂਦਾ ਹਾਂ ॥੧॥
18221	395	ਗੁਰੁ ਪੂਰਾ ਪਾਇਓ ਮੇਰੇ ਭਾਈ॥		Gur Pooraa Paaeiou Maerae Bhaaee ||	I have obtained the Perfect Guru, O my Siblings of Destiny.	ਹੇ ਮੇਰੇ ਵੀਰ! ਜਦੋਂ ਦਾ ਮੈਨੂੰ ਪੂਰਾ ਗੁਰੂ ਮਿਲਿਆ ਹੈ,
18222	395	ਰੋਗ ਸੋਗ ਸਭ ਦੂਖ ਬਿਨਾਸੇ ਸਤਿਗੁਰ ਕੀ ਸਰਣਾਈ॥ਰਹਾਉ॥		Rog Sog Sabh Dhookh Binaasae Sathigur Kee Saranaaee || Rehaao ||	All illness, sorrows and sufferings are dispelled, in the Sanctuary of the True Guru. ||Pause||	ਗੁਰੂ ਦੀ ਸਰਨ ਪਿਆਂ ਮੇਰੇ ਸਾਰੇ ਰੋਗ ਸਾਰੇ ਚਿੰਤਾ ਫ਼ਿਕਰ ਸਾਰੇ ਦੁੱਖ ਨਾਸ ਹੋ ਗਏ ਹਨ ਰਹਾਉ॥
18223	395	ਗੁਰ ਕੇ ਚਰਨ ਹਿਰਦੈ ਵਸਾਏ॥		Gur Kae Charan Hiradhai Vasaaeae ||	The feet of the Guru abide within my heart;	(ਹੇ ਭਾਈ! ਜਦੋਂ ਤੋਂ) ਮੈਂ ਗੁਰੂ ਦੇ ਚਰਨ ਆਪਣੇ ਹਿਰਦੇ ਵਿਚ ਵਸਾਏ ਹਨ,
18224	395	ਮਨ ਚਿੰਤਤ ਸਗਲੇ ਫਲ ਪਾਏ॥		Man Chinthath Sagalae Fal Paaeae ||	I have received all the fruits of my heart's desires.	ਮੈਨੂੰ ਸਾਰੇ ਮਨ-ਇੱਛਤ ਫਲ ਮਿਲ ਰਹੇ ਹਨ।
18225	395	ਅਗਨਿ ਬੁਝੀ ਸਭ ਹੋਈ ਸਾਂਤਿ॥		Agan Bujhee Sabh Hoee Saanth ||	The fire is extinguished, and I am totally peaceful.	(ਮੇਰੇ ਅੰਦਰੋਂ ਤ੍ਰਿਸ਼ਨਾ ਦੀ) ਅੱਗ ਬੁੱਝ ਗਈ ਹੈ (ਮੇਰੇ ਅੰਦਰ) ਪੂਰੀ ਠੰਢ ਪੈ ਗਈ ਹੈ।

18226	395	ਕਰਿ ਕਿਰਪਾ ਗੁਰਿ ਕੀਨੀ ਦਾਤਿ॥੨॥		Kar Kirapaa Gur Keenee Dhaath ||2||	Showering His Mercy, the Guru has given this gift. ||2||	ਇਹ ਸਾਰੀ ਦਾਤਿ ਗੁਰੂ ਨੇ ਹੀ ਮੇਹਰ ਕਰ ਕੇ ਦਿੱਤੀ ਹੈ ॥੨॥
18227	395	ਨਿਥਾਵੇ ਕਉ ਗੁਰਿ ਦੀਨੋ ਥਾਨੁ॥		Nithhaavae Ko Gur Dheeno Thhaan ||	The Guru has given shelter to the shelterless.	ਮੈਨੂੰ ਪਹਿਲਾਂ ਕਿਤੇ ਢੋਈ ਨਹੀਂ ਸੀ ਮਿਲਦੀ ਗੁਰੂ ਨੇ ਮੈਨੂੰ (ਆਪਣੇ ਚਰਨਾਂ ਵਿੱਚ) ਥਾਂ ਦਿੱਤਾ,
18228	395	ਨਿਮਾਨੇ ਕਉ ਗੁਰਿ ਕੀਨੋ ਮਾਨੁ॥		Nimaanae Ko Gur Keeno Maan ||	The Guru has given honor to the dishonored.	ਮੈਨੂੰ ਨਿਮਾਣੇ ਨੂੰ ਗੁਰੂ ਨੇ ਆਦਰ ਦਿੱਤਾ ਹੈ,
18229	395	ਬੰਧਨ ਕਾਟਿ ਸੇਵਕ ਕਰਿ ਰਾਖੇ॥		Bandhhan Kaatt Saevak Kar Raakhae ||	Shattering his bonds, the Guru has saved His servant.	ਮੇਰੇ (ਮਾਇਆ ਦੇ ਮੋਹ ਦੇ) ਬੰਧਨ ਕੱਟ ਕੇ ਮੈਨੂੰ ਗੁਰੂ ਨੇ ਆਪਣਾ ਸੇਵਕ ਬਣਾ ਕੇ ਆਪਣੇ ਚਰਨਾਂ ਵਿਚ ਟਿਕਾ ਲਿਆ,
18230	395	ਅੰਮ੍ਰਿਤ ਬਾਨੀ ਰਸਨਾ ਚਾਖੇ॥੩॥	ਬਾਨੀ: ਪੋਲਾ ਬੋਲੋ	Anmrith Baanee Rasanaa Chaakhae ||3||	I taste with my tongue the Ambrosial Bani of His Word. ||3||	ਹੁਣ ਮੇਰੀ ਜੀਭ ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ ਦੀ ਬਾਣੀ (ਦਾ ਰਸ) ਚੱਖਦੀ ਰਹਿੰਦੀ ਹੈ ॥੩॥
18231	395	ਵਡੈਭਾਗਿ ਪੂਜ ਗੁਰ ਚਰਨਾ॥		Vaddai Bhaag Pooj Gur Charanaa ||	By great good fortune, I worship the Guru's feet.	(ਹੇ ਭਾਈ!) ਵੱਡੀ ਕਿਸਮਤਿ ਨਾਲ ਮੈਨੂੰ ਗੁਰੂ ਦੇ ਚਰਨਾਂ ਦੀ ਪੂਜਾ (ਦਾ ਅਵਸਰ ਮਿਲਿਆ)
18232	395	ਸਗਲ ਤਿਆਗਿ ਪਾਈ ਪ੍ਰਭ ਸਰਨਾ॥		Sagal Thiaag Paaee Prabh Saranaa ||	Forsaking everything, I have obtained God's Sanctuary.	(ਜਿਸ ਦੀ ਬਰਕਤਿ ਨਾਲ) ਮੈਂ ਹੋਰ ਸਾਰੇ ਆਸਰੇ ਛੱਡ ਕੇ ਪ੍ਰਭੂ ਦੀ ਸਰਨ ਆ ਪਿਆ ਹਾਂ।

18233	396	ਗੁਰੁ ਨਾਨਕ ਜਾ ਕਉ ਭਇਆ ਦਇਆਲਾ॥		Gur Naanak Jaa Ko Bhaeiaa Dhaeiaalaa ||	That humble being, O Nanak, unto whom the Guru grants His Mercy,	ਹੇ ਨਾਨਕ! (ਆਖ-) ਜਿਸ ਮਨੁੱਖ ਉੱਤੇ ਗੁਰੂ ਦਇਆਵਾਨ ਹੋ ਜਾਂਦਾ ਹੈ,
18234	396	ਸੋ ਜਨੁ ਹੋਆ ਸਦਾ ਨਿਹਾਲਾ॥੪॥੬॥੧੦੦॥		So Jan Hoaa Sadhaa Nihaalaa ||4||6||100||	Is forever enraptured. ||4||6||100||	ਉਹ ਮਨੁੱਖ ਸਦਾ ਆਤਮਕ ਆਨੰਦ ਮਾਣਦਾ ਹੈ ॥੪॥੬॥੧੦੦॥
18235	396	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18236	396	ਸਤਿਗੁਰ ਸਾਚੈ ਦੀਆ ਭੇਜਿ॥		Sathigur Saachai Dheeaa Bhaej ||	The True Guru has truly given a child.	(ਹੇ ਭਾਈ!) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੇ ਗੁਰੂ (ਨਾਨਕ) ਨੂੰ (ਜਗਤ ਵਿਚ) ਘੱਲਿਆ ਹੈ।
18237	396	ਚਿਰੁਜੀਵਨੁ ਉਪਜਿਆ ਸੰਜੋਗਿ॥		Chir Jeevan Oupajiaa Sanjog ||	The long-lived one has been born to this destiny.	ਉਸ ਦੀ ਸੰਗਤਿ (ਦੀ ਬਰਕਤਿ) ਨਾਲ (ਸਿੱਖਾਂ ਦੇ ਹਿਰਦੇ ਵਿਚ) ਅਟੱਲ ਆਤਮਕ ਜੀਵਨ ਪੈਦਾ ਹੋ ਰਿਹਾ ਹੈ।
18238	396	ਉਦਰੈ ਮਾਹਿ ਆਇ ਕੀਆ ਨਿਵਾਸੁ॥		Oudharai Maahi Aae Keeaa Nivaas ||	He came to acquire a home in the womb,	(ਹੇ ਭਾਈ! ਜਿਵੇਂ ਜਦੋਂ ਮਾਂ ਦੇ) ਪੇਟ ਵਿਚ (ਬੱਚਾ) ਆ ਨਿਵਾਸ ਕਰਦਾ ਹੈ,

18239	396	ਮਾਤਾ ਕੈ ਮਨਿ ਬਹੁਤੁ ਬਿਗਾਸੁ॥੧॥	(ਬਿਗਾਉ) ਖੁਸ਼ੀ	Maathaa Kai Man Bahuth Bigaas ||1||	And his mother's heart is so very glad. ||1||	ਤਾਂ ਮਾਂ ਦੇ ਮਨ ਵਿਚ ਬਹੁਤ ਖ਼ੁਸ਼ੀ ਪੈਦਾ ਹੁੰਦੀ ਹੈ (ਤਿਵੇਂ ਸਿੱਖ ਦੇ ਅੰਦਰ ਅਟੱਲ ਆਤਮਕ ਜੀਵਨ ਆਨੰਦ ਪੈਦਾ ਕਰਦਾ ਹੈ) ॥੧॥
18240	396	ਜੰਮਿਆ ਪੂਤੁ ਭਗਤੁ ਗੋਵਿੰਦ ਕਾ॥		Janmiaa Pooth Bhagath Govindh Kaa ||	A son is born - a devotee of the Lord of the Universe.	(ਹੇ ਭਾਈ! ਗੁਰੂ ਨਾਨਕ) ਪਰਮਾਤਮਾ ਦਾ ਭਗਤ ਜੰਮਿਆ (ਪਰਮਾਤਮਾ ਦਾ) ਪੁੱਤਰ ਜੰਮਿਆ।
18241	396	ਪ੍ਰਗਟਿਆ ਸਭ ਮਹਿ ਲਿਖਿਆ ਧੁਰ ਕਾ॥ਰਹਾਉ॥		Pragattiaa Sabh Mehi Likhiaa Dhhur Kaa || Rehaao ||	This pre-ordained destiny has been revealed to all. ||Pause||	(ਉਸ ਦੀ ਬਰਕਤਿ ਨਾਲ ਉਸ ਦੀ ਸਰਨ ਆਉਣ ਵਾਲੇ) ਸਾਰੇ ਜੀਵਾਂ ਦੇ ਅੰਦਰ ਧੁਰ-ਦਰਗਾਹ ਦਾ (ਸੇਵਾ-ਭਗਤੀ ਦਾ) ਲੇਖ ਉੱਘੜ ਰਿਹਾ ਹੈ ਰਹਾਉ॥
18242	396	ਦਸੀ ਮਾਸੀ ਹੁਕਮਿ ਬਾਲਕ ਜਨਮੁ ਲੀਆ॥	ਦਸੀਂ ਮਾਸੀਂ	Dhasee Maasee Hukam Baalak Janam Leeaa ||	In the tenth month, by the Lord's Order, the baby has been born.	(ਹੇ ਭਾਈ! ਜਿਵੇਂ ਜਿਸ ਘਰ ਵਿਚ) ਪਰਮਾਤਮਾ ਦੇ ਹੁਕਮ ਅਨੁਸਾਰ ਦਸੀਂ ਮਹੀਨੀਂ ਪੁੱਤਰ ਜੰਮਦਾ ਹੈ,
18243	396	ਮਿਟਿਆ ਸੋਗੁ ਮਹਾ ਅਨੰਦੁ ਥੀਆ॥		Mittiaa Sog Mehaa Anandh Thheeaa ||	Sorrow is dispelled, and great joy has ensued.	(ਤਾਂ ਉਸ ਘਰ ਵਿਚੋਂ) ਗ਼ਮ ਮਿਟ ਜਾਂਦਾ ਹੈ ਤੇ ਬੜਾ ਉਤਸ਼ਾਹ ਹੁੰਦਾ ਹੈ;
18244	396	ਗੁਰਬਾਣੀ ਸਖੀ ਅਨੰਦੁ ਗਾਵੈ॥		Gurabaanee Sakhee Anandh Gaavai ||	The companions blissfully sing the songs of the Guru's Bani.	(ਤਿਵੇਂ ਜੇਹੜੀ ਸਤ-ਸੰਗਣ) ਸਹੇਲੀ ਗੁਰੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਗਾਂਦੀ ਹੈ,

18245	396	ਸਾਚੇ ਸਾਹਿਬ ਕੈ ਮਨਿ ਭਾਵੈ॥੨॥		Saachae Saahib Kai Man Bhaavai ||2||	This is pleasing to the Lord Master. ||2||	ਉਹ ਆਤਮਕ ਆਨੰਦ ਮਾਣਦੀ ਹੈ ਤੇ ਉਹ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਮਨ ਵਿਚ ਪਿਆਰੀ ਲੱਗਦੀ ਹੈ ॥੨॥
18246	396	ਵਧੀ ਵੇਲਿ ਬਹੁ ਪੀੜੀ ਚਾਲੀ॥	ਪੀੜ੍ਹੀ। ਚੱਾਲੀ	Vadhhee Vael Bahu Peerree Chaalee ||	The vine has grown, and shall last for many generations.	(ਹੇ ਭਾਈ! ਉਹ ਗੁਰਸਿੱਖ ਹੀ (ਗੁਰੂ ਦੀ ਪਰਮਾਤਮਾ ਦੀ) ਵਧ-ਰਹੀ ਵੇਲ ਹਨ ਚੱਲ-ਰਹੀ ਪੀੜ੍ਹੀ ਹਨ,
18247	396	ਧਰਮ ਕਲਾ ਹਰਿ ਬੰਧਿ ਬਹਾਲੀ॥	ਬਹੱਾਲੀ	Dhharam Kalaa Har Bandhh Behaalee ||	The Power of the Dharma has been firmly established by the Lord.	ਜਿਹਨਾਂ ਗੁਰਸਿੱਖਾਂ ਵਿਚ ਗੁਰੂ ਪਰਮਾਤਮਾ ਦੀ ਧਰਮ-ਸੱਤਿਆ ਪੱਕੀ ਕਰ ਕੇ ਟਿਕਾ ਦੇਂਦਾ ਹੈ।
18248	396	ਮਨ ਚਿੰਦਿਆ ਸਤਿਗੁਰੂ ਦਿਵਾਇਆ॥		Man Chindhiaa Sathiguroo Dhivaaeiaa ||	That which my mind wishes for, the True Guru has granted.	ਸਤਿਗੁਰੂ ਉਹਨਾਂ ਨੂੰ ਮਨ-ਇੱਛਤ ਫਲ ਦੇਂਦਾ ਹੈ,
18249	396	ਭਏ ਅਚਿੰਤ ਏਕ ਲਿਵ ਲਾਇਆ॥੩॥		Bheae Achinth Eaek Liv Laaeiaa ||3||	I have become carefree, and I fix my attention on the One Lord. ||3||	ਜੇਹੜੇ ਵਡ-ਭਾਗੀ ਮਨੁੱਖ ਗੁਰੂ ਦੀ ਸੰਗਤਿ ਦੀ ਬਰਕਤਿ ਨਾਲ) ਇਕ ਪਰਮਾਤਮਾ ਵਿਚ ਸੁਰਤਿ ਜੋੜਦੇ ਹਨ ਉਹ ਚਿੰਤਾ ਤੋਂ ਰਹਿਤ ਹੋ ਜਾਂਦੇ ਹਨ ॥੩॥

18250	396	ਜਿਉ ਬਾਲਕੁ ਪਿਤਾ ਊਪਰਿ ਕਰੇ ਬਹੁ ਮਾਨੁ॥		Jio Baalak Pithaa Oopar Karae Bahu Maan ||	As the child places so much faith in his father,	(ਹੇ ਭਾਈ!) ਜਿਵੇਂ ਕੋਈ ਪੁੱਤਰ ਆਪਣੇ ਪਿਉ ਉੱਤੇ ਮਾਣ ਕਰਦਾ ਹੈ (ਉਹ ਸਿੱਖ ਗੁਰੂ ਉੱਤੇ ਇਉਂ ਫ਼ਖ਼ਰ ਕਰਦਾ ਹੈ, ਉਹ ਸਿੱਖ ਗੁਰੂ ਪਾਸੋਂ ਸਹਾਇਤਾ ਦੀ ਉਵੇਂ ਆਸ ਰੱਖਦਾ ਹੈ ਜਿਵੇਂ ਪੁੱਤਰ ਪਿਉ ਪਾਸੋਂ)
18251	396	ਬੁਲਾਇਆ ਬੋਲੈ ਗੁਰ ਕੈ ਭਾਣਿ॥	(ਭਾਣਿ) ਭਾਣੇ ਚ	Bulaaeiaa Bolai Gur Kai Bhaan ||	I speak as it pleases the Guru to have me speak.	ਉਹ ਜੋ ਕੁਝ ਬੋਲਦਾ ਹੈ ਗੁਰੂ ਦਾ ਪ੍ਰੇਰਿਆ ਹੋਇਆ ਗੁਰੂ ਦੀ ਰਜ਼ਾ ਵਿਚ ਹੀ ਬੋਲਦਾ ਹੈ।
18252	396	ਗੁਝੀ ਛੰਨੀ ਨਾਹੀ ਬਾਤ॥	(ਗੁਝੀ ਛੰਨੀ) ਲੁਕੀ ਛਿਪੀ	Gujhee Shhannee Naahee Baath ||	This is not a hidden secret;	ਹੁਣ ਇਹ ਕੋਈ ਲੁਕੀ-ਛਿਪੀ ਗੱਲ ਨਹੀਂ ਹੈ,
18253	396	ਗੁਰੁ ਨਾਨਕੁ ਤੁਠਾ ਕੀਨੀ ਦਾਤਿ॥੪॥੭॥੧੦੧॥	ਤੁੱਠਾ	Gur Naanak Thuthaa Keenee Dhaath ||4||7||101||	Guru Nanak, greatly pleased, has bestowed this gift. ||4||7||101||	(ਹਰ ਕੋਈ ਜਾਣਦਾ ਹੈ ਕਿ ਜਿਸ ਮਨੁੱਖ ਉੱਤੇ) ਗੁਰੂ ਨਾਨਕ ਦਇਆਵਾਨ ਹੁੰਦਾ ਹੈ (ਉਸ ਨੂੰ) ਦਾਤਿ ਦੇਂਦਾ ਹੈ ॥੪॥੭॥੧੦੧॥
18254	396	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18255	396	ਗੁਰ ਪੂਰੇ ਰਾਖਿਆ ਦੇ ਹਾਥ॥		Gur Poorae Raakhiaa Dhae Haathh ||	Giving His Hand, the Perfect Guru has protected the child.	(ਹੇ ਭਾਈ!) ਜਿਸ ਸੇਵਕ ਨੂੰ ਪੂਰਾ ਗੁਰੂ ਆਪਣਾ ਹੱਥ ਦੇ ਕੇ (ਵਿਕਾਰ ਆਦਿਕ ਤੋਂ ਬਚਾ ਕੇ) ਰੱਖਦਾ ਹੈ,

18256	396	ਪ੍ਰਗਟੁ ਭਇਆ ਜਨ ਕਾ ਪਰਤਾਪੁ॥੧॥		Pragatt Bhaeiaa Jan Kaa Parathaap ||1||	The glory of His servant has become manifest. ||1||	ਉਸ ਦੀ ਸੋਭਾ-ਵਡਿਆਈ (ਸਾਰੇ ਜਗਤ ਵਿਚ) ਉੱਘੜ ਪੈਂਦੀ ਹੈ ॥੧॥
18257	396	ਗੁਰੁ ਗੁਰੁ ਜਪੀ ਗੁਰੂ ਗੁਰੁ ਧਿਆਈ॥		Gur Gur Japee Guroo Gur Dhhiaaee ||	I contemplate the Guru, the Guru; I meditate on the Guru, the Guru.	(ਹੇ ਭਾਈ!) ਮੈਂ ਸਦਾ ਗੁਰੂ ਨੂੰ ਹੀ ਯਾਦ ਕਰਦਾ ਹਾਂ; ਸਦਾ ਗੁਰੂ ਦਾ ਹੀ ਧਿਆਨ ਧਰਦਾ ਹਾਂ।
18258	396	ਜੀਅ ਕੀ ਅਰਦਾਸਿ ਗੁਰੂ ਪਹਿ ਪਾਈ॥ਰਹਾਉ॥		Jeea Kee Aradhaas Guroo Pehi Paaee || Rehaao ||	I offer my heart-felt prayer to the Guru, and it is answered. ||Pause||	ਗੁਰੂ ਪਾਸੋਂ ਹੀ ਮੈਂ ਆਪਣੇ ਮਨ ਦੀ ਮੰਗੀ ਹੋਈ ਲੋੜ ਹਾਸਲ ਕਰਦਾ ਹਾਂ ਰਹਾਉ॥
18259	396	ਸਰਨਿ ਪਰੇ ਸਾਚੇ ਗੁਰਦੇਵ॥		Saran Parae Saachae Guradhaev ||	I have taken to the Sanctuary of the True Divine Guru.	(ਹੇ ਭਾਈ!) ਜੇਹੜੇ ਸੇਵਕ ਸਦਾ-ਥਿਰ ਪ੍ਰਭੂ ਦੇ ਰੂਪ ਸਤਿਗੁਰੂ ਦਾ ਆਸਰਾ ਲੈਂਦੇ ਹਨ,
18260	396	ਪੂਰਨ ਹੋਈ ਸੇਵਕ ਸੇਵ॥੨॥		Pooran Hoee Saevak Saev ||2||	The service of His servant has been fulfilled. ||2||	ਉਹਨਾਂ ਦੀ ਸੇਵਾ (ਦੀ ਘਾਲ) ਸਿਰੇ ਚੜ੍ਹ ਜਾਂਦੀ ਹੈ ॥੨॥
18261	396	ਜੀਉ ਪਿੰਡੁ ਜੋਬਨੁ ਰਾਖੈ ਪ੍ਰਾਨ॥		Jeeo Pindd Joban Raakhai Praan ||	He has preserved my soul, body, youth and breath of life.	(ਹੇ ਭਾਈ!) (ਗੁਰੂ ਸਰਨ ਪਏ ਸੇਵਕ ਦੀ) ਜਿੰਦ ਨੂੰ, ਸਰੀਰ ਨੂੰ, ਜੋਬਨ ਨੂੰ ਪ੍ਰਾਣਾਂ ਨੂੰ (ਵਿਕਾਰ ਆਦਿਕ ਤੋਂ) ਬਚਾ ਕੇ ਰੱਖਦਾ ਹੈ।

18262	396	ਕਹੁ ਨਾਨਕ ਗੁਰ ਕਉ ਕੁਰਬਾਨ॥੩॥੮॥੧੦੨॥		Kahu Naanak Gur Ko Kurabaan ||3||8||102||	Says Nanak, I am a sacrifice to the Guru. ||3||8||102||	ਨਾਨਕ ਆਖਦਾ ਹੈ- (ਉਸ ਸੇਵਕ ਨੂੰ) ਆਪਣਾ ਆਪ ਗੁਰੂ ਦੇ ਹਵਾਲੇ ਕਰ ਦੇਣਾ ਚਾਹੀਦਾ ਹੈ ॥੩॥੮॥੧੦੨॥
18263	396	ਆਸਾ ਘਰੁ ੮ ਕਾਫੀ ਮਹਲਾ ੫		Aasaa Ghar 8 Kaafee Mehalaa 5	Aasaa, Eighth House, Kaafee, Fifth Mehl:	ਰਾਗ ਆਸਾ, ਘਰ ੮ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਕਾਫੀ'।
18264	396	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
18265	396	ਮੈ ਬੰਦਾ ਬੈਖਰੀਦੁ ਸਚੁ ਸਾਹਿਬੁ ਮੇਰਾ॥	(ਬੰਦਾ) ਗੁਲਾਮ (ਬੈਖਰੀਦੁ) ਮੁੱਲ ਖਰੀਦਿਆ	Mai Bandhaa Bai Khareedh Sach Saahib Maeraa ||	I am Your purchased slave, O True Lord Master.	ਹੇ ਭਾਈ! ਮੇਰਾ ਮਾਲਕ ਸਦਾ ਕਾਇਮ ਰਹਿਣ ਵਾਲਾ ਹੈ, ਮੈਂ ਉਸ ਦਾ ਮੁੱਲ-ਖ਼ਰੀਦ ਗ਼ੁਲਾਮ ਹਾਂ।
18266	396	ਜੀਉ ਪਿੰਡੁ ਸਭੁ ਤਿਸ ਦਾ ਸਭੁ ਕਿਛੁ ਹੈ ਤੇਰਾ॥੧॥		Jeeo Pindd Sabh This Dhaa Sabh Kishh Hai Thaeraa ||1||	My soul and body, and all of this, everything is Yours. ||1||	ਮੇਰੀ ਇਹ ਜਿੰਦ ਮੇਰਾ ਇਹ ਸਰੀਰ ਸਭ ਕੁਝ ਉਸ ਮਾਲਕ ਪ੍ਰਭੂ ਦਾ ਹੀ ਦਿੱਤਾ ਹੋਇਆ ਹੈ। ਹੇ ਪ੍ਰਭੂ! ਮੇਰੇ ਪਾਸ ਜੋ ਕੁਝ ਭੀ ਹੈ ਸਭ ਤੇਰਾ ਹੀ ਬਖ਼ਸ਼ਿਆ ਹੋਇਆ ਹੈ ॥੧॥
18267	396	ਮਾਣੁ ਨਿਮਾਣੇ ਤੂੰ ਧਣੀ ਤੇਰਾ ਭਰਵਾਸਾ॥	(ਭਰਵਾਸਾ) ਭਰੋਸਾ	Maan Nimaanae Thoon Dhhanee Thaeraa Bharavaasaa ||	You are the honor of the dishonored. O Master, in You I place my trust.	ਹੇ ਪ੍ਰਭੂ! ਮੈਂ ਨਿਮਾਣੇ ਦਾ ਤੂੰ ਹੀ ਮਾਣ ਹੈਂ, ਮੈਨੂੰ ਤੇਰਾ ਹੀ ਭਰਵਾਸਾ ਹੈ।

18268	396	ਬਿਨੁ ਸਾਚੇ ਅਨ ਟੇਕ ਹੈ ਸੋ ਜਾਣਹੁ ਕਾਚਾ॥੧॥ਰਹਾਉ॥	(ਅਨ) ਹੋਰ (ਟੇਕ) ਆਸਰਾ। (ਕਾਚਾ) ਕੱਚਾ	Bin Saachae An Ttaek Hai So Jaanahu Kaachaa ||1|| Rehaao ||	Without the True One, any other support is false - know this well. ||1||Pause||	(ਹੇ ਭਾਈ! ਜਿਸ ਮਨੁੱਖ ਨੂੰ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਤੋਂ ਬਿਨਾ ਕੋਈ ਹੋਰ ਝਾਕ ਭੀ ਟਿਕੀ ਰਹੇ, ਉਹ ਸਮਝੋ ਅਜੇ ਕਮਜ਼ੋਰ ਜੀਵਨ ਵਾਲਾ ਹੈ ॥੧॥ ਰਹਾਉ ॥
18269	396	ਤੇਰਾ ਹੁਕਮੁ ਅਪਾਰ ਹੈ ਕੋਈ ਅੰਤੁ ਨ ਪਾਏ॥		Thaeraa Hukam Apaar Hai Koee Anth N Paaeae ||	Your Command is infinite; no one can find its limit.	ਹੇ ਪ੍ਰਭੂ! ਤੇਰਾ ਹੁਕਮ ਬੇਅੰਤ ਹੈ, ਕੋਈ ਜੀਵ ਤੇਰੇ ਹੁਕਮ ਦਾ ਅੰਤ ਨਹੀਂ ਲੱਭ ਸਕਦਾ।
18270	396	ਜਿਸੁ ਗੁਰੁ ਪੂਰਾ ਭੇਟਸੀ ਸੋ ਚਲੈ ਰਜਾਏ॥੨॥	(ਭੇਟਸੀ) ਮਿਲਦੇ ਹਨ	Jis Gur Pooraa Bhaettasee So Chalai Rajaaeae ||2||	One who meets with the Perfect Guru, walks in the Way of the Lord's Will. ||2||	(ਤੇਰੀ ਮਿਹਰ ਨਾਲ) ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਉਹ ਤੇਰੇ ਹੁਕਮ ਵਿਚ ਤੁਰਦਾ ਹੈ ॥੨॥
18271	396	ਚਤੁਰਾਈ ਸਿਆਣਪਾ ਕਿਤੈ ਕਾਮਿ ਨ ਆਈਐ॥		Chathuraaee Siaanapaa Kithai Kaam N Aaeeai ||	Cunning and cleverness are of no use.	(ਹੇ ਭਾਈ! ਸੁਖਾਂ ਦੀ ਖ਼ਾਤਰ ਮਨੁੱਖ ਅਨੇਕਾਂ) ਚਤੁਰਾਈਆਂ ਤੇ ਸਿਆਣਪਾਂ (ਕਰਦਾ ਹੈ, ਪਰ ਕੋਈ ਸਿਆਣਪ ਕੋਈ ਚਤੁਰਾਈ) ਕਿਸੇ ਕੰਮ ਨਹੀਂ ਆਉਂਦੀ;
18272	396	ਤੁਠਾ ਸਾਹਿਬੁ ਜੋ ਦੇਵੈ ਸੋਈ ਸੁਖੁ ਪਾਈਐ॥੩॥		Thuthaa Saahib Jo Dhaevai Soee Sukh Paaeeai ||3||	That which the Lord Master gives, by the Pleasure of His Will - that is pleasing to me. ||3||	ਉਹੀ ਸੁਖ ਪ੍ਰਾਪਤ ਕੀਤਾ ਜਾ ਸਕਦਾ ਹੈ ਜੇਹੜਾ ਸੁਖ ਮਾਲਕ-ਪ੍ਰਭੂ ਆਪ ਪ੍ਰਸੰਨ ਹੋ ਕੇ ਦੇਂਦਾ ਹੈ ॥੩॥

18273	396	ਜੇ ਲਖ ਕਰਮ ਕਮਾਈਅਹਿ ਕਿਛੁ ਪਵੈ ਨ ਬੰਧਾ॥	(ਬੰਧਾ) ਰੋਕ। ਲੱਖ ਕਮਾਈ-ਅਹਿ	Jae Lakh Karam Kamaaeeahi Kishh Pavai N Bandhhaa ||	One may perform tens of thousands of actions, but attachment to things is not satisfied.	(ਹੇ ਭਾਈ! ਦੁਨੀਆ ਵਿਚ ਸੁਖਾਂ ਦੁੱਖਾਂ ਦਾ ਚੱਕਰ ਤੁਰਿਆ ਰਹਿੰਦਾ ਹੈ, ਦੁੱਖਾਂ ਦੀ ਨਿਵਿਰਤੀ ਵਾਸਤੇ) ਜੇ ਲੱਖਾਂ ਹੀ (ਮਿਥੇ ਹੋਏ ਧਾਰਮਿਕ) ਕੰਮ ਕੀਤੇ ਜਾਣ ਤਾਂ ਭੀ (ਦੁੱਖਾਂ ਦੇ ਰਾਹ ਵਿਚ) ਕੋਈ ਰੋਕ ਨਹੀਂ ਪੈ ਸਕਦੀ।
18274	396	ਜਨ ਨਾਨਕ ਕੀਤਾ ਨਾਮੁ ਧਰ ਹੋਰੁ ਛੋਡਿਆ ਧੰਧਾ॥੪॥੧॥੧੦੩॥	(ਧਰ) ਆਸਰਾ	Jan Naanak Keethaa Naam Dhhar Hor Shhoddiaa Dhhandhhaa ||4||1||103||	Servant Nanak has made the Naam his Support. He has renounced other entanglements. ||4||1||103||	ਹੇ ਦਾਸ ਨਾਨਕ! (ਆਖ-) ਮੈਂ ਤਾਂ ਪਰਮਾਤਮਾ ਦੇ ਨਾਮ ਨੂੰ ਹੀ ਆਸਰਾ ਬਣਾਇਆ ਹੈ, ਤੇ (ਸੁਖਾਂ ਦੀ ਖ਼ਾਤਰ) ਹੋਰ ਦੌੜ-ਭੱਜ ਛੱਡ ਦਿੱਤੀ ਹੈ ॥੪॥੧॥੧੦੩॥
18275	396	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18276	396	ਸਰਬ ਸੁਖਾ ਮੈ ਭਾਲਿਆ ਹਰਿ ਜੇਵਡੁ ਨ ਕੋਈ॥	ਭੱਾਲਿਆ	Sarab Sukhaa Mai Bhaaliaa Har Jaevadd N Koee ||	I have pursued all pleasures, but none is as great as the Lord.	(ਹੇ ਭਾਈ!) ਮੈਂ (ਦੁਨੀਆ ਦੇ ਸਾਰੇ ਸੁਖਾਂ ਨੂੰ ਖੋਜ ਵੇਖਿਆ ਹੈ ਪਰਮਾਤਮਾ ਦੇ ਮਿਲਾਪ ਦੇ ਬਰਾਬਰ ਦਾ ਹੋਰ ਕੋਈ ਸੁਖ ਨਹੀਂ ਹੈ।
18277	396	ਗੁਰ ਤੁਠੇ ਤੇ ਪਾਈਐ ਸਚੁ ਸਾਹਿਬੁ ਸੋਈ॥੧॥	(ਤੁੱਠੇ) ਪ੍ਰਸੰਨ ਹੋਏ	Gur Thuthae Thae Paaeeai Sach Saahib Soee ||1||	By the Pleasure of the Guru's Will, the True Lord Master is obtained. ||1||	ਤੇ, ਉਹ ਸਦਾ ਕਾਇਮ ਰਹਿਣ ਵਾਲਾ ਮਾਲਕ-ਪਰਮਾਤਮਾ ਪ੍ਰਸੰਨ ਹੋਏ ਹੋਏ ਗੁਰੂ ਪਾਸੋਂ ਹੀ ਮਿਲ ਸਕਦਾ ਹੈ ॥੧॥

18278	396	ਬਲਿਹਾਰੀ ਗੁਰ ਆਪਣੇ ਸਦ ਸਦ ਕੁਰਬਾਨਾ॥		Balihaaree Gur Aapanae Sadh Sadh Kurabaanaa ||	I am a sacrifice to my Guru; I am forever and ever a sacrifice to Him.	(ਹੇ ਭਾਈ!) ਮੈਂ ਆਪਣੇ ਗੁਰੂ ਤੋਂ ਸਦਾ ਸਦਕੇ ਹੁੰਦਾ ਹਾਂ ਸਦਾ ਕੁਰਬਾਨ ਜਾਂਦਾ ਹਾਂ।
18279	396	ਨਾਮੁ ਨ ਵਿਸਰਉ ਇਕੁ ਖਿਨੁ ਚਸਾ ਇਹੁ ਕੀਜੈ ਦਾਨਾ॥੧॥ਰਹਾਉ॥	ਚਸਾ:ਪੋਲਾ ਬੋਲੋ। (ਚਸਾ) ਬਹੁਤ ਥੋੜਾ ਸਮਾਂ	Naam N Visaro Eik Khin Chasaa Eihu Keejai Dhaanaa ||1|| Rehaao ||	Please, grant me this one blessing, that I may never, even for an instant, forget Your Name. ||1||Pause||	(ਮੈਂ ਗੁਰੂ ਪਾਸ ਹੀ ਅਰਜੋਈ ਕਰਦਾ ਹਾਂ-ਹੇ ਗੁਰੂ!) ਮੈਨੂੰ ਇਹ ਦਾਨ ਦੇਹ ਕਿ ਮੈਂ ਪਰਮਾਤਮਾ ਦਾ ਨਾਮ ਇਕ ਖਿਨ ਵਾਸਤੇ ਭੀ ਇਕ ਚਸੇ ਵਾਸਤੇ ਭੀ ਨਾਹ ਭੁਲਾਵਾਂ ॥੧॥ ਰਹਾਉ ॥
18280	396	ਭਾਗਠੁ ਸਚਾ ਸੋਇ ਹੈ ਜਿਸੁ ਹਰਿ ਧਨੁ ਅੰਤਰਿ॥	(ਭਾਗਠੁ) ਭਾਗਾਂ ਵਾਲਾ	Bhaagath Sachaa Soe Hai Jis Har Dhhan Anthar ||	How very fortunate are those who have the wealth of the Lord deep within the heart.	ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ-ਧਨ ਵੱਸਦਾ ਹੋਵੇ ਉਹੀ (ਅਸਲ) ਸ਼ਾਹੂਕਾਰ ਹੈ।
18281	397	ਸੋ ਛੂਟੈ ਮਹਾ ਜਾਲ ਤੇ ਜਿਸੁ ਗੁਰ ਸਬਦੁ ਨਿਰੰਤਰਿ॥੨॥	(ਨਿਰੰਤਰਿ) ਲਗਾਤਾਰ	So Shhoottai Mehaa Jaal Thae Jis Gur Sabadh Niranthar ||2||	They escape from the great noose of death; they are permeated with the Word of the Guru's Shabad. ||2||	ਜਿਸ ਮਨੁੱਖ ਦੇ ਅੰਦਰ ਗੁਰੂ ਦਾ ਸਬਦ ਇਕ-ਰਸ ਟਿਕਿਆ ਰਹੇ ਉਹ ਮਨੁੱਖ (ਮਾਇਆ ਦੇ ਮੋਹ ਦੇ) ਵੱਡੇ ਜਾਲ (ਵਿਚ ਫਸਣ) ਤੋਂ ਬਚਿਆ ਰਹਿੰਦਾ ਹੈ ॥੨॥
18282	397	ਗੁਰ ਕੀ ਮਹਿਮਾ ਕਿਆ ਕਹਾ ਗੁਰੁ ਬਿਬੇਕ ਸਤ ਸਰੁ॥	(ਬਿਬੇਕ) ਸ਼ੁੱਧ ਵਿਚਾਰ। (ਸਰੁ) ਸਮੁੰਦ੍ਰ। ਸੱਤ	Gur Kee Mehimaa Kiaa Kehaa Gur Bibaek Sath Sar ||	How can I chant the Glorious Praises of the Guru? The Guru is the ocean of Truth and clear understanding.	ਹੇ ਭਾਈ! ਮੈਂ ਇਹ ਦੱਸਣ-ਯੋਗ ਨਹੀਂ ਹਾਂ ਕਿ ਗੁਰੂ ਕੇਡਾ ਵੱਡਾ (ਉੱਚ-ਆਤਮਾ) ਹੈ, ਗੁਰੂ ਬਿਬੇਕ ਦਾ ਸਰੋਵਰ ਹੈ ਗੁਰੂ ਉੱਚੇ ਆਚਰਨ ਦਾ ਸਰੋਵਰ ਹੈ।

18283	397	ਓਹੁ ਆਦਿ ਜੁਗਾਦੀ ਜੁਗਹ ਜੁਗੁ ਪੂਰਾ ਪਰਮੇਸਰੁ॥੩॥		Ouhu Aadh Jugaadhee Jugeh Jug Pooraa Paramaesar ||3||	He is the Perfect Transcendent Lord, from the very beginning, and throughout the ages. ||3||	ਗੁਰੂ ਉਹ ਪੂਰਨ ਪਰਮੇਸਰ (ਦਾ ਰੂਪ) ਹੈ ਜੇਹੜਾ ਸਭ ਦਾ ਮੁੱਢ ਹੈ ਜਿਹੜਾ ਜੁਗਾਂ ਦੇ ਆਦਿ ਤੋਂ ਹੈ ਜੇਹੜਾ ਹਰੇਕ ਜੁਗ ਵਿਚ ਮੌਜੂਦ ਹੈ ॥੩॥
18284	397	ਨਾਮੁ ਧਿਆਵਹੁ ਸਦ ਸਦਾ ਹਰਿ ਹਰਿ ਮਨੁ ਰੰਗੇ॥		Naam Dhhiaavahu Sadh Sadhaa Har Har Man Rangae ||	Meditating on the Naam, the Name of the Lord, forever and ever, my mind is filled with the Love of the Lord, Har, Har.	ਹੇ ਭਾਈ! ਸਦਾ ਹੀ ਪਰਮਾਤਮਾ ਦਾ ਨਾਮ ਸਿਮਰਦੇ ਰਹੋ, ਆਪਣੇ ਮਨ ਨੂੰ ਪਰਮਾਤਮਾ ਦੇ ਪ੍ਰੇਮ-ਰੰਗ ਨਾਲ ਰੰਗੀ ਰੱਖੋ।
18285	397	ਜੀਉ ਪ੍ਰਾਣ ਧਨੁ ਗੁਰੂ ਹੈ ਨਾਨਕ ਕੈ ਸੰਗੇ॥੪॥੨॥੧੦੪॥		Jeeo Praan Dhhan Guroo Hai Naanak Kai Sangae ||4||2||104||	The Guru is my soul, my breath of life, and wealth; O Nanak, He is with me forever. ||4||2||104||	(ਇਹ ਨਾਮ ਮਿਲਣਾ ਗੁਰੂ ਪਾਸੋਂ ਹੀ ਹੈ, ਉਹ ਗੁਰੂ) ਮੈਂ ਨਾਨਕ ਦੇ ਅੰਗ-ਸੰਗ ਵੱਸਦਾ ਹੈ, ਗੁਰੂ ਹੀ ਮੇਰੀ ਜਿੰਦ ਹੈ ਗੁਰੂ ਹੀ ਮੇਰੇ ਪ੍ਰਾਣ ਹੈ, ਗੁਰੂ ਹੀ ਮੇਰਾ ਧਨ ਹੈ ॥੪॥੨॥੧੦੪॥
18286	397	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18287	397	ਸਾਈ ਅਲਖੁ ਅਪਾਰੁ ਭੋਰੀ ਮਨਿ ਵਸੈ॥	(ਭੋਰੀ) ਭੋਲ਼ੀ ਦੇ। ਸਾਂਈਂ। ਅ-ਲਖ: ਪੋਲਾ ਬੋਲੋ	Saaee Alakh Apaar Bhoree Man Vasai ||	If the Invisible and Infinite Lord dwells within my mind, even for a moment,	ਹੇ ਮਾਂ! ਜਦੋਂ ਉਹ ਬੇਅੰਤ ਅਲੱਖ ਖਸਮ-ਪ੍ਰਭੂ ਰਤਾ ਕੁ ਸਮੇ ਵਾਸਤੇ ਭੀ ਮੇਰੇ ਮਨ ਵਿਚ ਆ ਵੱਸਦਾ ਹੈ,

18288	397	ਦੂਖੁ ਦਰਦੁ ਰੋਗੁ ਮਾਇ ਮੈਡਾ ਹਭੁ ਨਸੈ॥੧॥	(ਮੈਂਡਾ) ਮੇਰਾ। (ਹੱਭੁ) ਸਭ। ਨੱਸੈ	Dhookh Dharadh Rog Maae Maiddaa Habh Nasai ||1||	Then all my pains, troubles, and diseases vanish. ||1||	ਮੇਰਾ ਹਰੇਕ ਦੁੱਖ-ਦਰਦ ਮੇਰਾ ਹਰੇਕ ਰੋਗ ਸਭ ਦੂਰ ਹੋ ਜਾਂਦਾ ਹੈ ॥੧॥
18289	397	ਹਉ ਵੰਞਾ ਕੁਰਬਾਣੁ ਸਾਈ ਆਪਣੇ॥	(ਵੰਞਾ) ਜਾਵਾਂ। ਸਾਂਈਂ	Ho Vannjaa Kurabaan Saaee Aapanae ||	I am a sacrifice to my Lord Master.	ਹੇ ਮਾਂ! ਮੈਂ ਆਪਣੇ ਖਸਮ-ਪ੍ਰਭੂ ਤੋਂ ਕੁਰਬਾਨ ਜਾਂਦੀ ਹਾਂ।
18290	397	ਹੋਵੈ ਅਨਦੁ ਘਣਾ ਮਨਿ ਤਨਿ ਜਾਪਣੇ॥੧॥ਰਹਾਉ॥		Hovai Anadh Ghanaa Man Than Jaapanae ||1|| Rehaao ||	Meditating on Him, a great joy wells up within my mind and body. ||1||Pause||	ਉਸ ਦਾ ਨਾਮ ਜਪਣ ਨਾਲ ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਆਨੰਦ ਪੈਦਾ ਹੋ ਜਾਂਦਾ ਹੈ ॥੧॥ ਰਹਾਉ ॥
18291	397	ਬਿੰਦਕ ਗਾਲ੍ਹਿ ਸੁਣੀ ਸਚੇ ਤਿਸੁ ਧਣੀ॥	(ਬਿੰਦਕ) ਥੋੜੀ ਜਿਹੀ। (ਗਾਲ੍ਹਿ) ਗੱਲ	Bindhak Gaalih Sunee Sachae This Dhhanee ||	I have heard only a little bit of news about the True Lord Master.	ਹੇ ਮਾਂ! ਜਦੋਂ ਉਸ ਸਦਾ ਕਾਇਮ ਰਹਿਣ ਵਾਲੇ ਮਾਲਕ-ਪ੍ਰਭੂ ਦੀ ਮੈਂ ਥੋੜੀ ਜਿਤਨੀ ਹੀ ਸਿਫ਼ਤਿ-ਸਾਲਾਹ ਸੁਣਦੀ ਹਾਂ,
18292	397	ਸੂਖੀ ਹੂੰ ਸੁਖੁ ਪਾਇ ਮਾਇ ਨ ਕੀਮ ਗਣੀ॥੨॥	(ਕੀਮ) ਕੀਮਤ	Sookhee Hoon Sukh Paae Maae N Keem Ganee ||2||	I have obtained the peace of all peace, O my mother; I cannot estimate its worth. ||2||	ਤਾਂ ਮੈਂ ਇਤਨਾ ਉੱਚਾ ਸੁਖ ਅਨੁਭਵ ਕਰਦੀ ਹਾਂ ਕਿ ਮੈਂ ਉਸ ਦਾ ਮੁੱਲ ਨਹੀਂ ਦੱਸ ਸਕਦੀ ॥੨॥
18293	397	ਨੈਣ ਪਸੰਦੋ ਸੋਇ ਪੇਖਿ ਮੁਸਤਾਕ ਭਈ॥	(ਨੈਣ)ਨੇਤ੍ਰਾਂਨਾਲ। (ਪ-ਸੰਦੋ)ਦੇਖ ਕੇ।(ਮੁਸਤਾਕ)ਮੋਹਿਤ	Nain Pasandho Soe Paekh Musathaak Bhee ||	He is so beautiful to my eyes; beholding Him, I have been bewitched.	ਹੇ ਮੇਰੀ ਮਾਂ! ਮੇਰਾ ਉਹ ਸਾਈਂ ਮੇਰੀਆਂ ਅੱਖਾਂ ਨੂੰ ਪਿਆਰਾ ਲੱਗਦਾ ਹੈ ਉਸ ਨੂੰ ਵੇਖ ਕੇ ਮੈਂ ਮਸਤ ਹੋ ਜਾਂਦੀ ਹਾਂ।

18294	397	ਮੈ ਨਿਰਗੁਣਿ ਮੇਰੀ ਮਾਇ ਆਪਿ ਲੜਿ ਲਾਇ ਲਈ॥੩॥		Mai Niragun Maeree Maae Aap Larr Laae Lee ||3||	I am worthless, O my mother; He Himself has attached me to the hem of His robe. ||3||	ਹੇ ਮਾਂ! ਮੇਰੇ ਵਿਚ ਕੋਈ ਗੁਣ ਨਹੀਂ, ਫਿਰ ਭੀ ਉਸ ਨੇ ਆਪ ਹੀ ਮੈਨੂੰ ਆਪਣੇ ਲੜ ਲਾ ਰੱਖਿਆ ਹੈ ॥੩॥
18295	397	ਬੇਦ ਕਤੇਬ ਸੰਸਾਰ ਹਭਾ ਹੂੰ ਬਾਹਰਾ॥	(ਹੱਭਾ) ਸਾਰਿਆਂ। (ਹੂੰ) ਤੋਂ	Baedh Kathaeb Sansaar Habhaa Hoon Baaharaa ||	He is beyond the world of the Vedas, the Koran and the Bible.	(ਹੇ ਮਾਂ! ਉਹ ਮੇਰਾ ਪਾਤਿਸ਼ਾਹ ਨਿਰਾ ਸੰਸਾਰ ਵਿਚ ਹੀ ਨਹੀਂ ਵੱਸ ਰਿਹਾ ਉਹ ਤਾਂ) ਇਸ ਦਿੱਸਦੇ ਸੰਸਾਰ ਤੋਂ ਬਾਹਰ ਭੀ ਹਰ ਥਾਂ ਹੈ, ਵੇਦ ਕਤੇਬ ਆਦਿਕ ਕੋਈ ਧਰਮ-ਪੁਸਤਕ ਉਸ ਦਾ ਸਰੂਪ ਬਿਆਨ ਨਹੀਂ ਕਰ ਸਕਦੇ।
18296	397	ਨਾਨਕ ਕਾ ਪਾਤਿਸਾਹੁ ਦਿਸੈ ਜਾਹਰਾ॥੪॥੩॥੧੦੫॥	(ਜਾਹਰਾ) ਪ੍ਰਗਟ	Naanak Kaa Paathisaahu Dhisai Jaaharaa ||4||3||105||	The Supreme King of Nanak is immanent and manifest. ||4||3||105||	(ਉਂਞ, ਹੇ ਮਾਂ!) ਮੈਂ ਨਾਨਕ ਦਾ ਪਾਤਿਸ਼ਾਹ ਹਰ ਥਾਂ ਪ੍ਰਤੱਖ ਦਿੱਸ ਰਿਹਾ ਹੈ ॥੪॥੩॥੧੦੫॥
18297	397	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18298	397	ਲਾਖ ਭਗਤ ਆਰਾਧਹਿ ਜਪਤੇ ਪੀਉ ਪੀਉ॥	(ਆਰਾਧਹਿ) ਜਪਦੇ। (ਪੀਉ) ਪਿਆਰਾ	Laakh Bhagath Aaraadhhehi Japathae Peeo Peeo ||	Tens of thousands of devotees worship and adore You, chanting, ""Beloved, Beloved.""	ਹੇ ਪ੍ਰਭੂ! ਤੇਰੇ ਲੱਖਾਂ ਹੀ ਭਗਤ ਤੈਨੂੰ 'ਪਿਆਰਾ, ਪਿਆਰਾ' ਆਖ ਕੇ ਤੇਰਾ ਨਾਮ ਜਪਦੇ ਹਨ ਤੇਰੀ ਅਰਾਧਨਾ ਕਰਦੇ ਹਨ।

18299	397	ਕਵਨ ਜੁਗਤਿ ਮੇਲਾਵਉ ਨਿਰਗੁਣ ਬਿਖਈ ਜੀਉ॥੧॥	(ਬਿ-ਖਈ) ਵਿਕਾਰੀ	Kavan Jugath Maelaavo Niragun Bikhee Jeeo ||1||	How shall You unite me, the worthless and corrupt soul, with Yourself. ||1||	(ਉਹਨਾਂ ਦੇ ਸਾਹਮਣੇ ਮੈਂ ਤਾਂ) ਗੁਣ-ਹੀਣ ਵਿਕਾਰੀ ਜੀਵ ਹਾਂ, (ਹੇ ਪ੍ਰਭੂ!) ਮੈਂ ਤੈਨੂੰ ਕਿਸ ਤਰੀਕੇ ਨਾਲ ਮਿਲਾਂ? ॥੧॥
18300	397	ਤੇਰੀ ਟੇਕ ਗੋਵਿੰਦ ਗੁਪਾਲ ਦਇਆਲ ਪ੍ਰਭ॥		Thaeree Ttaek Govindh Gupaal Dhaeiaal Prabh ||	You are my Support, O Merciful God, Lord of the Universe, Sustainer of the World.	ਹੇ ਗੋਵਿੰਦ! ਹੇ ਗੁਪਾਲ! ਹੇ ਦਇਆਲ ਪ੍ਰਭੂ! ਮੈਨੂੰ ਤੇਰਾ ਹੀ ਆਸਰਾ ਹੈ।
18301	397	ਤੂੰ ਸਭਨਾ ਕੇ ਨਾਥ ਤੇਰੀ ਸ੍ਰਿਸਟਿ ਸਭ॥੧॥ਰਹਾਉ॥	(ਨਾਥ) ਮਾਲਕ	Thoon Sabhanaa Kae Naathh Thaeree Srisatt Sabh ||1|| Rehaao ||	You are the Master of all; the entire creation is Yours. ||1||Pause||	ਤੂੰ ਸਭ ਜੀਵਾਂ ਦਾ ਖਸਮ ਹੈਂ, ਸਾਰੀ ਸ੍ਰਿਸ਼ਟੀ ਤੇਰੀ ਹੀ ਪੈਦਾ ਕੀਤੀ ਹੋਈ ਹੈ ॥੧॥ ਰਹਾਉ ॥
18302	397	ਸਦਾ ਸਹਾਈ ਸੰਤ ਪੇਖਹਿ ਸਦਾ ਹਜੂਰਿ॥		Sadhaa Sehaaee Santh Paekhehi Sadhaa Hajoor ||	You are the constant help and support of the Saints, who behold You Ever-present.	ਹੇ ਪ੍ਰਭੂ! ਤੂੰ ਆਪਣੇ ਸੰਤਾਂ ਦੀ ਸਹਾਇਤਾ ਕਰਨ ਵਾਲਾ ਹੈਂ ਤੇਰੇ ਸੰਤ ਤੈਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਵੇਖਦੇ ਹਨ,
18303	397	ਨਾਮ ਬਿਹੂਨੜਿਆ ਸੇ ਮਰਨਿ ਵਿਸੂਰਿ ਵਿਸੂਰਿ॥੨॥	(ਬਿਹੂਨੜਿਆ) ਸੱਖਣੇ। (ਵਿਸੂਰਿ)ਝੂਰ ਕੇ	Naam Bihoonarriaa Sae Maranih Visoor Visoor ||2||	Those who lack the Naam, the Name of the Lord, shall die, engulfed in sorrow and pain. ||2||	ਪਰ ਜੇਹੜੇ (ਭਾਗ-ਹੀਣ ਤੇਰੇ) ਨਾਮ ਤੋਂ ਵਾਂਜੇ ਹੋਏ ਹਨ ਉਹ (ਵਿਕਾਰਾਂ ਵਿਚ ਹੀ) ਝੂਰ ਝੂਰ ਕੇ ਆਤਮਕ ਮੌਤ ਸਹੇੜੀ ਰੱਖਦੇ ਹਨ ॥੨॥
18304	397	ਦਾਸ ਦਾਸਤਣ ਭਾਇ ਮਿਟਿਆ ਤਿਨ੍ਹਾ ਗਉਣੁ॥	(ਦਾ-ਸੱਤਣ) ਦਾਸਨ ਦਾਸ ਪੁਣੇ। (ਭਾਇ) ਭਾਵ, ਪ੍ਰੇਮ। ਚੌਰਾਸੀ ਲੱਖ ਜੂਨ ਦਾ(ਗਉਣੁ)ਗੇੜ	Dhaas Dhaasathan Bhaae Mittiaa Thinaa Goun ||	Those servants, who lovingly perform the Lord's service, are freed from the cycle of reincarnation.	ਹੇ ਪ੍ਰਭੂ! ਜੇਹੜੇ ਮਨੁੱਖ ਤੇਰੇ ਦਾਸਾਂ ਦਾ ਦਾਸ ਹੋਣ ਦੇ ਭਾਵ ਵਿਚ ਟਿਕੇ ਰਹਿੰਦੇ ਹਨ ਉਹਨਾਂ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ,

18305	397	ਵਿਸਰਿਆ ਜਿਨ੍ਹਾ ਨਾਮੁ ਤਿਨਾੜਾ ਹਾਲੁ ਕਉਣੁ॥੩॥	(ਤਿਨਾੜਾ) ਤਿਨ੍ਹਾਂ ਦਾ	Visariaa Jinhaa Naam Thinaarraa Haal Koun ||3||	What shall be the fate of those who forget the Naam? ||3||	ਪਰ ਜਿਨ੍ਹਾਂ (ਮੰਦ-ਭਾਗੀਆਂ) ਨੂੰ ਤੇਰਾ ਨਾਮ ਭੁੱਲਾ ਰਹਿੰਦਾ ਹੈ ਉਹਨਾਂ ਦਾ ਹਾਲ ਭੈੜਾ ਹੀ ਟਿਕਿਆ ਰਹਿੰਦਾ ਹੈ ॥੩॥
18306	397	ਜੈਸੇ ਪਸੁ ਹਰਿਆਉ ਤੈਸਾ ਸੰਸਾਰੁ ਸਭ॥	(ਪਸੁ) ਪਸ਼ੂ। (ਹਰਿਆਉ) ਅਵਾਰਾ	Jaisae Pas Harihaaao Thaisaa Sansaar Sabh ||	As are the cattle which have strayed, so is the entire world.	(ਹੇ ਭਾਈ!) ਜਿਵੇਂ ਖੁਲ੍ਹਾ ਰਹਿ ਕੇ ਹਰੀਆਂ ਖੇਤੀਆਂ ਚੁਗਣ ਵਾਲਾ ਕੋਈ ਪਸ਼ੂ (ਅਵਾਰਾ ਭੌਂਦਾ ਫਿਰਦਾ) ਹੈ ਤਿਵੇਂ ਸਾਰਾ ਜਗਤ (ਵਿਕਾਰਾਂ ਪਿੱਛੇ ਭਟਕ ਰਿਹਾ ਹੈ)।
18307	397	ਨਾਨਕ ਬੰਧਨ ਕਾਟਿ ਮਿਲਾਵਹੁ ਆਪਿ ਪ੍ਰਭ॥੪॥੪॥੧੦੬॥		Naanak Bandhhan Kaatt Milaavahu Aap Prabh ||4||4||106||	O God, please cut away Nanak's bonds, and unite him with Yourself. ||4||4||106||	ਹੇ ਨਾਨਕ! (ਆਖ-) ਹੇ ਪ੍ਰਭੂ! (ਮੇਰੇ ਵਿਕਾਰਾਂ ਵਾਲੇ) ਬੰਧਨ ਕੱਟ ਕੇ ਮੈਨੂੰ ਤੂੰ ਆਪ ਆਪਣੇ ਚਰਨਾਂ ਵਿਚ ਜੋੜੀ ਰੱਖ ॥੪॥੪॥੧੦੬॥
18308	397	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18309	397	ਹਭੇ ਥੋਕ ਵਿਸਾਰਿ ਹਿਕੋ ਖਿਆਲੁ ਕਰਿ॥	(ਹੱਭੇ) ਸਾਰੇ। (ਥੋਕ) ਪਦਾਰਥ। (ਹਿੱਕੋ) ਇੱਕ ਵਾਹਿਗੁਰੂ ਜੀ ਦਾ	Habhae Thhok Visaar Hiko Khiaal Kar ||	Forget all other things, and dwell upon the Lord alone.	ਹੇ ਭਾਈ! ਸਾਰੇ (ਸੰਸਾਰਕ) ਪਦਾਰਥਾਂ (ਦਾ ਮੋਹ) ਭੁਲਾ ਕੇ ਸਿਰਫ਼ ਇਕ ਪਰਮਾਤਮਾ ਦਾ ਧਿਆਨ ਧਰ।

18310	397	ਝੂਠਾ ਲਾਹਿ ਗੁਮਾਨੁ ਮਨੁ ਤਨੁ ਅਰਪਿ ਧਰਿ॥੧॥		Jhoothaa Laahi Gumaan Man Than Arap Dhhar ||1||	Lay aside your false pride, and dedicate your mind and body to Him. ||1||	(ਦੁਨੀਆ ਦੀਆਂ ਮਲਕੀਅਤਾਂ ਦਾ) ਝੂਠਾ ਮਾਣ (ਆਪਣੇ ਮਨ ਵਿਚੋਂ) ਦੂਰ ਕਰ ਦੇ, ਆਪਣਾ ਮਨ (ਪਰਮਾਤਮਾ ਅੱਗੇ) ਭੇਟਾ ਕਰ ਦੇ, ਆਪਣਾ ਹਿਰਦਾ (ਪ੍ਰਭੂ-ਚਰਨਾਂ ਵਿਚ) ਭੇਟਾ ਕਰ ਦੇ ॥੧॥
18311	397	ਆਠ ਪਹਰ ਸਾਲਾਹਿ ਸਿਰਜਨਹਾਰ ਤੂੰ॥		Aath Pehar Saalaahi Sirajanehaar Thoon ||	Twenty-four hours a day, praise the Creator Lord.	ਹੇ ਸਿਰਜਣਹਾਰ ਪ੍ਰਭੂ! ਅੱਠੇ ਪਹਰ ਤੈਨੂੰ ਸਾਲਾਹ ਕੇ (ਤੇਰੀ ਸਿਫ਼ਤਿ-ਸਾਲਾਹ ਕਰ ਕੇ)
18312	397	ਜੀਵਾਂ ਤੇਰੀ ਦਾਤਿ ਕਿਰਪਾ ਕਰਹੁ ਮੂੰ॥੧॥ਰਹਾਉ॥	(ਮੂੰ) ਮੇਰੇ ਤੇ	Jeevaan Thaeree Dhaath Kirapaa Karahu Moon ||1|| Rehaao ||	I live by Your bountiful gifts - please, shower me with Your Mercy! ||1||Pause||	ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ। ਮੇਰੇ ਉੱਤੇ ਮੇਹਰ ਕਰ ਮੈਨੂੰ (ਤੇਰੀ ਸਿਫ਼ਤਿ-ਸਾਲਾਹ ਦੀ) ਦਾਤਿ ਮਿਲ ਜਾਏ ॥੧॥ ਰਹਾਉ ॥
18313	397	ਸੋਈ ਕੰਮੁ ਕਮਾਇ ਜਿਤੁ ਮੁਖੁ ਉਜਲਾ॥		Soee Kanm Kamaae Jith Mukh Oujalaa ||	So, do that work, by which your face shall be made radiant.	ਹੇ ਭਾਈ! ਉਹੀ ਕੰਮ ਕਰਿਆ ਕਰ ਜਿਸ ਕੰਮ ਦੀ ਰਾਹੀਂ (ਲੋਕ ਪਰਲੋਕ ਵਿਚ) ਤੇਰਾ ਮੂੰਹ ਰੋਸ਼ਨ ਰਹੇ।
18314	397	ਸੋਈ ਲਗੈ ਸਚਿ ਜਿਸੁ ਤੂੰ ਦੇਹਿ ਅਲਾ॥੨॥	ਹੇਅੱਲਾ ਜੀ! ਜਿਸੁ ਨੂੰ ਤੂੰ ਆਪ ਜੀ ਸੱਚ(ਦੇਹਿ)ਦਿੰਦੇ ਹੋਂ	Soee Lagai Sach Jis Thoon Dhaehi Alaa ||2||	He alone becomes attached to the Truth, O Lord, unto whom You give it. ||2||	(ਪਰ) ਹੇ ਪ੍ਰਭੂ! ਤੇਰੇ ਸਦਾ ਕਾਇਮ ਰਹਿਣ ਵਾਲੇ ਨਾਮ ਵਿਚ ਉਹੀ ਮਨੁੱਖ ਜੁੜਦਾ ਹੈ ਜਿਸ ਨੂੰ ਤੂੰ ਆਪ ਇਹ ਦਾਤਿ ਦੇਂਦਾ ਹੈਂ ॥੨॥

18315	397	ਜੋ ਨ ਢਹੰਦੋ ਮੂਲਿ ਸੋ ਘਰੁ ਰਾਸਿ ਕਰਿ॥	(ਢਹੰਦੋ) ਨਾਸ ਹੁੰਦਾ। (ਮੂਲਿ) ਬਿਲਕੁਲ। (ਰਾਸਿ) ਸਵਾਰਿਆ	Jo N Dtehandho Mool So Ghar Raas Kar ||	So build and adorn that house, which shall never be destroyed.	ਹੇ ਭਾਈ! (ਆਤਮਕ ਜੀਵਨ ਦੀ ਉਸਾਰੀ ਵਾਲੇ) ਉਸ (ਹਿਰਦੇ-) ਘਰ ਨੂੰ ਸੋਹਣਾ ਬਣਾ ਜੋ ਫਿਰ ਕਦੇ ਭੀ ਢਹਿ ਨਹੀਂ ਸਕਦਾ।
18316	397	ਹਿਕੋ ਚਿਤਿ ਵਸਾਇ ਕਦੇ ਨ ਜਾਇ ਮਰਿ॥੩॥	ਹਿੱਕੋ	Hiko Chith Vasaae Kadhae N Jaae Mar ||3||	Enshrine the One Lord within your consciousness; He shall never die. ||3||	ਹੇ ਭਾਈ! ਇਕ ਪਰਮਾਤਮਾ ਨੂੰ ਹੀ ਆਪਣੇ ਚਿੱਤ ਵਿਚ ਵਸਾਈ ਰੱਖ ਉਹ ਪਰਮਾਤਮਾ ਕਦੇ ਭੀ ਨਹੀਂ ਮਰਦਾ ॥੩॥
18317	397	ਤਿਨ੍ਹਾ ਪਿਆਰਾ ਰਾਮੁ ਜੋ ਪ੍ਰਭ ਭਾਣਿਆ॥		Thinhaa Piaaraa Raam Jo Prabh Bhaaniaa ||	The Lord is dear to those, who are pleasing to the Will of God.	(ਹੇ ਭਾਈ!) ਜੇਹੜੇ ਮਨੁੱਖ ਪਰਮਾਤਮਾ ਨੂੰ ਚੰਗੇ ਲੱਗ ਪੈਂਦੇ ਹਨ ਉਹਨਾਂ ਨੂੰ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ।
18318	397	ਗੁਰ ਪਰਸਾਦਿ ਅਕਥੁ ਨਾਨਕ ਵਖਾਣਿਆ॥੪॥੫॥ ੧੦੭॥	(ਵਖਾਣਿਆ) ਬਿਆਨ ਕੀਤਾ। ਅ-ਕਥੁ: ਪੋਲਾ ਬੋਲੋ	Gur Parasaadh Akathh Naanak Vakhaaniaa ||4||5||107||	By Guru's Grace, Nanak describes the indescribable. ||4||5||107||	(ਪਰ ਇਹ ਗੁਰੂ ਦੀ ਮੇਹਰ ਨਾਲ ਹੀ ਹੁੰਦਾ ਹੈ) ਨਾਨਕ ਨੇ ਗੁਰੂ ਦੀ ਕਿਰਪਾ ਨਾਲ ਹੀ ਉਸ ਬੇਅੰਤ ਗੁਣਾਂ ਦੇ ਮਾਲਕ-ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨੀ ਸ਼ੁਰੂ ਕੀਤੀ ਹੋਈ ਹੈ ॥੪॥੫॥੧੦੭॥
18319	397	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18320	397	ਜਿਨ੍ਹਾ ਨ ਵਿਸਰੈ ਨਾਮੁ ਸੇ ਕਿਨੇਹਿਆ॥	(ਕਿਨੇਹਿਆ) ਕਿਹੋ ਜਿਹੇ	Jinhaa N Visarai Naam Sae Kinaehiaa ||	What are they like - those who do not forget the Naam, the Name of the Lord?	(ਹੇ ਭਾਈ!) ਜਿਨ੍ਹਾਂ ਮਨੁੱਖਾਂ ਨੂੰ ਕਦੇ ਭੀ ਪਰਮਾਤਮਾ ਦਾ ਨਾਮ ਨਹੀਂ ਭੁੱਲਦਾ (ਕੀ ਤੈਨੂੰ ਪਤਾ ਹੈ ਕਿ) ਉਹ ਕਿਹੋ ਜਿਹੇ ਹੁੰਦੇ ਹਨ?

18321	397	ਭੇਦੁ ਨ ਜਾਣਹੁ ਮੂਲਿ ਸਾਂਈ ਜੇਹਿਆ॥੧॥		Bhaedh N Jaanahu Mool Saanee Jaehiaa ||1||	Know that there is absolutely no difference; they are exactly like the Lord. ||1||	(ਉਹਨਾਂ ਵਿਚ ਤੇ ਖਸਮ-ਪ੍ਰਭੂ ਵਿਚ) ਰਤਾ ਭੀ ਫ਼ਰਕ ਨਾਹ ਸਮਝੋ, ਉਹ ਖਸਮ-ਪ੍ਰਭੂ ਵਰਗੇ ਹੋ ਜਾਂਦੇ ਹਨ ॥੧॥
18322	397	ਮਨੁ ਤਨੁ ਹੋਇ ਨਿਹਾਲੁ ਤੁਮ੍ਹ ਸੰਗਿ ਭੇਟਿਆ॥		Man Than Hoe Nihaal Thumh Sang Bhaettiaa ||	The mind and body are enraptured, meeting with You, O Lord.	(ਹੇ ਪ੍ਰਭੂ!) ਜਿਨ੍ਹਾਂ ਮਨੁੱਖਾਂ ਨੇ ਤੇਰੇ ਨਾਲ ਸੰਗਤਿ ਕੀਤੀ ਉਹਨਾਂ ਦਾ ਮਨ ਪ੍ਰਸੰਨ ਰਹਿੰਦਾ ਹੈ।
18323	397	ਸੁਖੁ ਪਾਇਆ ਜਨ ਪਰਸਾਦਿ ਦੁਖੁ ਸਭੁ ਮੇਟਿਆ॥੧॥ਰਹਾਉ ॥		Sukh Paaeiaa Jan Parasaadh Dhukh Sabh Maettiaa ||1|| Rehaao ||	Peace is obtained, by the favor of the Lord's humble servant; all pains are taken away. ||1||Pause||	ਉਹਨਾਂ (ਤੇਰੇ) ਸੇਵਕ (-ਗੁਰੂ) ਦੀ ਕਿਰਪਾ ਨਾਲ ਆਤਮਕ ਆਨੰਦ ਪ੍ਰਾਪਤ ਕਰ ਲਿਆ ਹੈ ਤੇ ਆਪਣਾ ਸਾਰਾ ਦੁੱਖ ਮਿਟਾ ਲਿਆ ਹੈ ॥੧॥ ਰਹਾਉ ॥
18324	397	ਜੇਤੇ ਖੰਡ ਬ੍ਰਹਮੰਡ ਉਧਾਰੇ ਤਿੰਨ੍ ਖੇ॥	(ਤਿੰਨ੍)ਤਿਨ੍ਹਾਂ ਸੰਤਾਂ ਦੀ। (ਖੇ)ਧੂੜਿ ਕਰਕੇ	Jaethae Khandd Brehamandd Oudhhaarae Thinnh Khae ||	As many as are the continents of the world, so many have been saved.	(ਹੇ ਭਾਈ!) ਉਹਨਾਂ ਮਨੁੱਖਾਂ ਨੇ ਸਾਰੇ ਖੰਡਾਂ ਬ੍ਰਹਮੰਡਾਂ ਨੂੰ ਭੀ (ਸੰਸਾਰ-ਸਮੁੰਦਰ ਤੋਂ) ਬਚਾ ਲੈਣ ਦੀ ਸਮਰੱਥਾ ਪ੍ਰਾਪਤ ਕਰ ਲਈ ਹੁੰਦੀ ਹੈ।
18325	397	ਜਿਨ੍ ਮਨਿ ਵੁਠਾ ਆਪਿ ਪੂਰੇ ਭਗਤ ਸੇ॥੨॥	(ਵੁੱਠਾ) ਵਸੇ	Jinh Man Vuthaa Aap Poorae Bhagath Sae ||2||	Those, in whose minds You Yourself dwell, O Lord, are the perfect devotees. ||2||	ਜਿਨ੍ਹਾਂ ਦੇ ਹਿਰਦੇ ਵਿਚ ਪਰਮਾਤਮਾ ਆਪ ਆ ਵੱਸਦਾ ਹੈ ਉਹ ਮੁਕੰਮਲ ਭਗਤ ਬਣ ਜਾਂਦੇ ਹਨ ॥੨॥

18326	398	ਜਿਸ ਨੋ ਮੰਨੇ ਆਪਿ ਸੋਈ ਮਾਨੀਐ॥		Jis No Mannae Aap Soee Maaneeai ||	Those whom You approve, are approved.	(ਹੇ ਭਾਈ!) ਜਿਸ ਮਨੁੱਖ ਨੂੰ ਪਰਮਾਤਮਾ ਆਪ ਆਦਰ ਦੇਂਦਾ ਹੈ ਉਹ (ਹਰ ਥਾਂ) ਆਦਰ ਪਾਂਦਾ ਹੈ,
18327	398	ਪ੍ਰਗਟ ਪੁਰਖੁ ਪਰਵਾਣੁ ਸਭ ਠਾਈ ਜਾਨੀਐ॥੩॥		Pragatt Purakh Paravaan Sabh Thaaee Jaaneeai ||3||	Such a celebrated and honored person is known everywhere. ||3||	ਉਹ ਮਨੁੱਖ (ਲੋਕ ਪਰਲੋਕ ਵਿਚ) ਸਭ ਥਾਈਂ ਉੱਘਾ ਹੋ ਜਾਂਦਾ ਹੈ ਉਹ ਪ੍ਰਸਿੱਧ ਹੋ ਚੁੱਕਾ ਹਰ ਥਾਂ ਮੰਨਿਆ-ਪ੍ਰਮੰਨਿਆ ਜਾਂਦਾ ਹੈ ॥੩॥
18328	398	ਦਿਨਸੁ ਰੈਣਿ ਆਰਾਧਿ ਸਮ੍ਹਾਲੇ ਸਾਹ ਸਾਹ॥		Dhinas Rain Aaraadhh Samhaalae Saah Saah ||	Day and night, with every breath to worship and adore the Lord	ਦਿਨ ਰਾਤ ਤੇਰੀ ਅਰਾਧਨ ਕਰ ਕੇ (ਨਾਨਕ) ਤੈਨੂੰ ਸੁਆਸ ਸੁਆਸ (ਆਪਣੇ) ਹਿਰਦੇ ਵਿਚ ਵਸਾਈ ਰੱਖੇ।
18329	398	ਨਾਨਕ ਕੀ ਲੋਚਾ ਪੂਰਿ ਸਚੇ ਪਾਤਿਸਾਹ॥੪॥੬॥੧੦੮॥		Naanak Kee Lochaa Poor Sachae Paathisaah ||4||6||108||	- please, O True Supreme King, fulfill this, Nanak's desire. ||4||6||108||	ਹੇ (ਮੇਰੇ) ਸਦਾ ਕਾਇਮ ਰਹਿਣ ਵਾਲੇ ਪਾਤਿਸ਼ਾਹ! (ਮੇਰੀ) ਨਾਨਕ ਦੀ ਇਹ ਤਾਂਘ ਪੂਰੀ ਕਰ ॥੪॥੬॥੧੦੮॥
18330	398	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18331	398	ਪੂਰਿ ਰਹਿਆ ਸ੍ਰਬ ਠਾਇ ਹਮਾਰਾ ਖਸਮੁ ਸੋਇ॥		Poor Rehiaa Srab Thaae Hamaaraa Khasam Soe ||	He, my Lord Master, is fully pervading all places.	(ਹੇ ਭਾਈ!) ਸਾਡਾ ਉਹ ਖਸਮ-ਸਾਈਂ ਹਰੇਕ ਥਾਂ ਵਿਚ ਵਿਆਪਕ ਹੈ, (ਸਭ ਜੀਵਾਂ ਦਾ ਉਹ) ਇਕੋ ਮਾਲਕ ਹੈ।

18332	398	ਏਕੁ ਸਾਹਿਬੁ ਸਿਰਿ ਛਤੁ ਦੂਜਾ ਨਾਹਿ ਕੋਇ॥੧॥	(ਛਤੁ) ਛਤ੍ਰ	Eaek Saahib Sir Shhath Dhoojaa Naahi Koe ||1||	He is the One Lord Master, the roof over our heads; there is no other than Him. ||1||	(ਸਾਰੀ ਸ੍ਰਿਸ਼ਟੀ ਦੀ ਬਾਦਸ਼ਾਹੀ ਦਾ) ਛੱਤ੍ਰ (ਉਸੇ ਦੇ) ਸਿਰ ਉਤੇ ਹੈ, ਉਸ ਦੇ ਬਰਾਬਰ ਹੋਰ ਕੋਈ ਨਹੀਂ ॥੧॥
18333	398	ਜਿਉ ਭਾਵੈ ਤਿਉ ਰਾਖੁ ਰਾਖਣਹਾਰਿਆ॥		Jio Bhaavai Thio Raakh Raakhanehaariaa ||	As it pleases Your Will, please save me, O Savior Lord.	ਹੇ ਸਭ ਜੀਵਾਂ ਦੀ ਰੱਖਿਆ ਕਰਨ ਦੇ ਸਮਰਥ ਪ੍ਰਭੂ! ਜਿਵੇਂ ਤੈਨੂੰ ਚੰਗਾ ਲੱਗੇ, ਉਸੇ ਤਰ੍ਹਾਂ ਮੇਰੀ ਰੱਖਿਆ ਕਰ।
18334	398	ਤੁਝ ਬਿਨੁ ਅਵਰੁ ਨ ਕੋਇ ਨਦਰਿ ਨਿਹਾਰਿਆ॥੧॥ਰਹਾਉ॥	(ਨਿਹਾਰਿਆ) ਦੇਖਿਆ	Thujh Bin Avar N Koe Nadhar Nihaariaa ||1|| Rehaao ||	Without You, my eyes see no other at all. ||1||Pause||	ਮੈਂ ਤੈਥੋਂ ਬਿਨਾ ਅਜੇ ਤਕ ਕੋਈ ਹੋਰ ਆਪਣੀਆਂ ਅੱਖਾਂ ਨਾਲ ਨਹੀਂ ਵੇਖਿਆ ਜੋ ਤੇਰੇ ਵਰਗਾ ਹੋਵੇ ॥੧॥ ਰਹਾਉ ॥
18335	398	ਪ੍ਰਤਿਪਾਲੇ ਪ੍ਰਭੁ ਆਪਿ ਘਟਿ ਘਟਿ ਸਾਰੀਐ॥	(ਸਾਰੀਐ) ਖਬਰ ਲੈਂਦੇ	Prathipaalae Prabh Aap Ghatt Ghatt Saareeai ||	God Himself is the Cherisher; He takes care of each and every heart.	(ਹੇ ਭਾਈ!) ਹਰੇਕ ਸਰੀਰ ਵਿਚ ਬੈਠਾ ਪ੍ਰਭੂ ਹਰੇਕ ਦੀ ਸਾਰ ਲੈਂਦਾ ਹੈ, ਹਰੇਕ ਦੀ ਪਾਲਣਾ ਕਰਦਾ ਹੈ।
18336	398	ਜਿਸੁ ਮਨਿ ਵੁਠਾ ਆਪਿ ਤਿਸੁ ਨ ਵਿਸਾਰੀਐ॥੨॥		Jis Man Vuthaa Aap This N Visaareeai ||2||	That person, within whose mind You Yourself dwell, never forgets You. ||2||	ਜਿਸ ਮਨੁੱਖ ਦੇ ਮਨ ਵਿਚ ਉਹ ਪ੍ਰਭੂ ਆਪ ਵੱਸਦਾ ਹੈ, ਉਸ ਨੂੰ ਕਦੇ ਫਿਰ ਭੁਲਾਂਦਾ ਨਹੀਂ ॥੨॥
18337	398	ਜੋ ਕਿਛੁ ਕਰੇ ਸੁ ਆਪਿ ਆਪਣ ਭਾਣਿਆ॥		Jo Kishh Karae S Aap Aapan Bhaaniaa ||	He does that which is pleasing to Himself.	(ਹੇ ਭਾਈ! ਜਗਤ ਵਿਚ) ਜੋ ਕੁਝ ਕਰ ਰਿਹਾ ਹੈ ਪਰਮਾਤਮਾ ਆਪ ਹੀ ਆਪਣੀ ਰਜ਼ਾ ਅਨੁਸਾਰ ਕਰ ਰਿਹਾ ਹੈ,

18338	398	ਭਗਤਾ ਕਾ ਸਹਾਈ ਜੁਗਿ ਜੁਗਿ ਜਾਣਿਆ॥੩॥		Bhagathaa Kaa Sehaaee Jug Jug Jaaniaa ||3||	He is known as the help and support of His devotees, throughout the ages. ||3||	(ਜਗਤ ਵਿਚ) ਇਹ ਗੱਲ ਪ੍ਰਸਿੱਧ ਹੈ ਕਿ ਹਰੇਕ ਜੁਗ ਵਿਚ ਪਰਮਾਤਮਾ ਆਪਣੇ ਭਗਤਾਂ ਦੀ ਸਹਾਇਤਾ ਕਰਦਾ ਆ ਰਿਹਾ ਹੈ ॥੩॥
18339	398	ਜਪਿ ਜਪਿ ਹਰਿ ਕਾ ਨਾਮੁ ਕਦੇ ਨ ਝੂਰੀਐ॥	(ਝੂਰੀਐ) ਪਛੁਤਾਈਏ	Jap Jap Har Kaa Naam Kadhae N Jhooreeai ||	Chanting and meditating up the Lord's Name, the mortal never comes to regret anything.	(ਹੇ ਭਾਈ!) ਪਰਮਾਤਮਾ ਦਾ ਨਾਮ ਜਪ ਜਪ ਕੇ ਫਿਰ ਕਦੇ ਕਿਸੇ ਕਿਸਮ ਦੀ ਕੋਈ ਚਿੰਤਾ ਨਹੀਂ ਕਰਨੀ ਪੈਂਦੀ।
18340	398	ਨਾਨਕ ਦਰਸ ਪਿਆਸ ਲੋਚਾ ਪੂਰੀਐ॥੪॥੭॥੧੦੯॥	(ਲੋਚਾ) ਇੱਛਾ	Naanak Dharas Piaas Lochaa Pooreeai ||4||7||109||	O Nanak, I thirst for the Blessed Vision of Your Darshan; please, fulfill my desire, O Lord. ||4||7||109||	(ਹੇ ਪ੍ਰਭੂ! ਤੇਰੇ ਦਾਸ) ਨਾਨਕ ਨੂੰ ਤੇਰੇ ਦਰਸਨ ਦੀ ਪਿਆਸ ਹੈ (ਨਾਨਕ ਦੀ ਇਹ) ਤਾਂਘ ਪੂਰੀ ਕਰ ॥੪॥੭॥੧੦੯॥
18341	398	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18342	398	ਕਿਆ ਸੋਵਹਿ ਨਾਮੁ ਵਿਸਾਰਿ ਗਾਫਲ ਗਹਿਲਿਆ॥	(ਗਾਫਲ) ਬੇਖਬਰ। (ਗਹਿਲਿਆ) ਬੇਪਰਵਾਹ	Kiaa Sovehi Naam Visaar Gaafal Gehiliaa ||	Why are you sleeping, and forgetting the Name, O careless and foolish mortal?	ਹੇ ਗ਼ਾਫ਼ਲ ਮਨ! ਹੇ ਬੇ-ਪਰਵਾਹ ਮਨ! ਪਰਮਾਤਮਾ ਦਾ ਨਾਮ ਭੁਲਾ ਕੇ ਕਿਉਂ (ਮਾਇਆ ਦੇ ਮੋਹ ਦੀ ਨੀਂਦ ਵਿਚ) ਸੌਂ ਰਿਹਾ ਹੈਂ?

18343	398	ਕਿਤੀ ਇਤੁ ਦਰੀਆਇ ਵੰਞਨਿ ਵਹਦਿਆ॥੧॥	ਸੰਸਾਰ ਚ ਵਿਸ਼ੇ ਵਿਕਾਰਾਂ ਦੇ (ਦਰੀਆਇ) ਦਰਿਆ ਚ (ਵਹਦਿਆ) ਰੁੜ੍ਹੇ (ਵੰਞਨਿ) ਜਾ ਰਹੇ	Kithanaee Eith Dhareeaae Vannjanih Vehadhiaa ||1||	So many have been washed away and carried off by this river of life. ||1||	(ਵੇਖ, ਨਾਮ ਵਿਸਾਰ ਕੇ) ਅਨੇਕਾਂ ਹੀ ਜੀਵ ਇਸ (ਸੰਸਾਰ-) ਨਦੀ ਵਿਚ ਰੁੜ੍ਹਦੇ ਜਾ ਰਹੇ ਹਨ ॥੧॥
18344	398	ਬੋਹਿਥੜਾ ਹਰਿ ਚਰਣ ਮਨ ਚੜਿ ਲੰਘੀਐ॥	(ਬੋਹਿਥੜਾ) ਜਹਾਜ਼	Bohithharraa Har Charan Man Charr Langheeai ||	O mortal, get aboard the boat of the Lord's Lotus Feet, and cross over.	ਹੇ (ਮੇਰੇ) ਮਨ! ਪਰਮਾਤਮਾ ਦੇ ਚਰਨ ਇਕ ਸੋਹਣਾ ਜਿਹਾ ਜਹਾਜ਼ ਹਨ; (ਇਸ ਜਹਾਜ਼ ਵਿਚ) ਚੜ੍ਹ ਕੇ (ਸੰਸਾਰ-ਸਮੁੰਦਰ ਤੋਂ ਪਾਰ) ਲੰਘ ਜਾਈਦਾ ਹੈ।
18345	398	ਆਠ ਪਹਰ ਗੁਣ ਗਾਇ ਸਾਧੂਸੰਗੀਐ॥੧॥ਰਹਾਉ॥		Aath Pehar Gun Gaae Saadhhoo Sangeeai ||1|| Rehaao ||	Twenty-four hours a day, sing the Glorious Praises of the Lord, in the Saadh Sangat, the Company of the Holy. ||1||Pause||	(ਇਸ ਵਾਸਤੇ, ਹੇ ਮਨ!) ਗੁਰੂ ਦੀ ਸੰਗਤਿ ਵਿਚ ਰਹਿ ਕੇ ਅੱਠੇ ਪਹਰ ਪਰਮਾਤਮਾ ਦੇ ਗੁਣ ਗਾਂਦਾ ਰਿਹਾ ਕਰ ॥੧॥ ਰਹਾਉ ॥
18346	398	ਭੋਗਹਿ ਭੋਗ ਅਨੇਕ ਵਿਣੁ ਨਾਵੈ ਸੁੰਞਿਆ॥	(ਸੁੰਞਿਆ) ਖਾਲੀ	Bhogehi Bhog Anaek Vin Naavai Sunnjiaa ||	You may enjoy various pleasures, but they are useless without the Name.	(ਹੇ ਮਨ! ਮੋਹ ਦੀ ਨੀਂਦ ਵਿਚ ਸੁੱਤੇ ਹੋਏ ਜੀਵ ਦੁਨੀਆ ਦੇ) ਅਨੇਕਾਂ ਭੋਗ ਭੋਗਦੇ ਰਹਿੰਦੇ ਹਨ, ਪਰ ਪਰਮਾਤਮਾ ਦੇ ਨਾਮ ਤੋਂ ਬਿਨਾ ਆਤਮਕ ਜੀਵਨ ਵਲੋਂ ਖ਼ਾਲੀ ਰਹਿ ਜਾਂਦੇ ਹਨ।
18347	398	ਹਰਿ ਕੀ ਭਗਤਿ ਬਿਨਾ ਮਰਿ ਮਰਿ ਰੁੰਨਿਆ॥੨॥	(ਰੁੰਨਿਆ) ਰੋਂਦੇ	Har Kee Bhagath Binaa Mar Mar Runniaa ||2||	Without devotion to the Lord, you shall die in sorrow, again and again. ||2||	ਪਰਮਾਤਮਾ ਦੀ ਭਗਤੀ ਤੋਂ ਬਿਨਾ (ਅਜੇਹੇ ਜੀਵ) ਸਦਾ ਆਤਮਕ ਮੌਤ ਸਹੇੜ ਸਹੇੜ ਕੇ ਦੁੱਖੀ ਹੁੰਦੇ ਰਹਿੰਦੇ ਹਨ ॥੨॥

18348	398	ਕਪੜ ਭੋਗ ਸੁਗੰਧ ਤਨਿ ਮਰਦਨ ਮਾਲਣਾ॥	(ਮਰਦਨ)ਵਟਣਾ (ਮਾਲਣਾ)ਮਲਨਾ	Kaparr Bhog Sugandhh Than Maradhan Maalanaa ||	You may dress and eat and apply scented oils to your body,	(ਹੇ ਮਨ!) ਵੇਖ, ਜੀਵ (ਸੋਹਣੇ ਸੋਹਣੇ) ਕੱਪੜੇ ਪਹਿਨਦੇ ਹਨ, ਸੁਆਦਲੇ ਪਦਾਰਥ ਖਾਂਦੇ ਹਨ, ਸਰੀਰ ਉਤੇ ਸੁਗੰਧੀ ਵਾਲੇ ਵਟਣੇ ਆਦਿਕ ਮਲਦੇ ਹਨ,
18349	398	ਬਿਨੁ ਸਿਮਰਨ ਤਨੁ ਛਾਰੁ ਸਰਪਰ ਚਾਲਣਾ॥੩॥	(ਛਾਰੁ) ਸੁਆਹ। (ਸਰਪਰ) ਜ਼ਰੂਰ	Bin Simaran Than Shhaar Sarapar Chaalanaa ||3||	But without the meditative remembrance of the Lord, your body shall surely turn to dust, and you shall have to depart. ||3||	ਪਰ ਪਰਮਾਤਮਾ ਦੇ ਨਾਮ ਸਿਮਰਨ ਤੋਂ ਬਿਨਾ ਉਹਨਾਂ ਦਾ ਇਹ ਸਰੀਰ ਸੁਆਹ (ਸਮਾਨ ਹੀ ਰਹਿੰਦਾ) ਹੈ, ਇਸ ਸਰੀਰ ਨੇ ਤਾਂ ਆਖ਼ਰ ਜ਼ਰੂਰ ਨਾਸ ਹੋ ਜਾਣਾ ਹੈ ॥੩॥
18350	398	ਮਹਾ ਬਿਖਮੁ ਸੰਸਾਰੁ ਵਿਰਲੈ ਪੇਖਿਆ॥	(ਬਿਖਮੁ) ਔਖਾ	Mehaa Bikham Sansaar Viralai Paekhiaa ||	How very treacherous is this world-ocean; how very few realize this!	ਕਿਸੇ ਵਿਰਲੇ (ਭਾਗਾਂ ਵਾਲੇ) ਨੇ ਵੇਖਿਆ ਹੈ ਕਿ ਇਹ ਸੰਸਾਰ-(ਸਮੁੰਦਰ) ਬੜਾ ਭਿਆਨਕ ਹੈ।
18351	398	ਛੂਟਨੁ ਹਰਿ ਕੀ ਸਰਣਿ ਲੇਖੁ ਨਾਨਕ ਲੇਖਿਆ॥੪॥੮॥੧੧੦॥		Shhoottan Har Kee Saran Laekh Naanak Laekhiaa ||4||8||110||	Salvation rests in the Lord's Sanctuary; O Nanak, this is your pre-ordained destiny. ||4||8||110||	ਹੇ ਨਾਨਕ! (ਆਖ-) ਪਰਮਾਤਮਾ ਦੀ ਸਰਨ ਪਿਆਂ ਹੀ ਇਸ ਵਿਚੋਂ ਬਚਾਉ ਹੁੰਦਾ ਹੈ। (ਓਹੀ ਬਚਦਾ ਹੈ ਜਿਸ ਦੇ ਮੱਥੇ ਉੱਤੇ ਪ੍ਰਭੂ-ਨਾਮ ਦੇ ਸਿਮਰਨ ਦਾ) ਲੇਖ ਲਿਖਿਆ ਹੋਇਆ ਹੈ ॥੪॥੮॥੧੧੦॥
18352	398	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

18353	398	ਕੋਇ ਨ ਕਿਸ ਹੀ ਸੰਗਿ ਕਾਹੇ ਗਰਬੀਐ॥		Koe N Kis Hee Sang Kaahae Garabeeai ||	No one is anyone's companion; why take any pride in others?	(ਹੇ ਮੇਰੀ ਜਿੰਦੇ!) ਕੋਈ ਮਨੁੱਖ ਸਦਾ ਕਿਸੇ ਦੇ ਨਾਲ ਨਹੀਂ ਨਿਭਦਾ (ਇਸ ਵਾਸਤੇ ਸੰਬੰਧੀ ਆਦਿਕਾਂ ਦਾ) ਕੋਈ ਮਾਣ ਨਹੀਂ ਕਰਨਾ ਚਾਹੀਦਾ।
18354	398	ਏਕੁ ਨਾਮੁ ਆਧਾਰੁ ਭਉਜਲੁ ਤਰਬੀਐ॥੧॥		Eaek Naam Aadhhaar Bhoujal Tharabeeai ||1||	With the Support of the One Name, this terrible world-ocean is crossed over. ||1||	ਸਿਰਫ਼ ਪਰਮਾਤਮਾ ਦਾ ਨਾਮ ਹੀ (ਅਸਲ) ਆਸਰਾ ਹੈ (ਨਾਮ ਦੇ ਆਸਰੇ ਹੀ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ ॥੧॥
18355	398	ਮੈ ਗਰੀਬ ਸਚੁ ਟੇਕ ਤੂੰ ਮੇਰੇ ਸਤਿਗੁਰ ਪੂਰੇ॥	(ਟੇਕ) ਆਸਰਾ	Mai Gareeb Sach Ttaek Thoon Maerae Sathigur Poorae ||	You are the True Support of me, the poor mortal, O my Perfect True Guru.	ਹੇ ਮੇਰੇ ਪੂਰੇ ਸਤਿਗੁਰੂ (ਪ੍ਰਭੂ)! ਤੂੰ ਸਦਾ ਕਾਇਮ ਰਹਿਣ ਵਾਲਾ ਹੈਂ ਮੈਂ ਗਰੀਬ ਦਾ ਤੂੰ ਹੀ ਸਹਾਰਾ ਹੈਂ।
18356	398	ਦੇਖਿ ਤੁਮ੍ਹਾਰਾ ਦਰਸਨੋ ਮੇਰਾ ਮਨੁ ਧੀਰੇ॥੧॥ਰਹਾਉ॥	(ਧੀਰੇ) ਸ਼ਾਂਤ ਹੁੰਦਾ	Dhaekh Thumhaaraa Dharasano Maeraa Man Dhheerae ||1|| Rehaao ||	Gazing upon the Blessed Vision of Your Darshan, my mind is encouraged. ||1||Pause||	ਤੇਰਾ ਦਰਸਨ ਕਰ ਕੇ ਮੇਰਾ ਮਨ (ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕਣ ਲਈ) ਧੀਰਜ ਫੜਦਾ ਹੈ ॥੧॥ ਰਹਾਉ ॥
18357	398	ਰਾਜੁ ਮਾਲੁ ਜੰਜਾਲੁ ਕਾਜਿ ਨ ਕਿਤੈ ਗਨੋ॥	(ਜੰਜਾਲੁ) ਬੰਧਨ। (ਗਨੋ) ਗਿਣੋ	Raaj Maal Janjaal Kaaj N Kithai Ganuo ||	Royal powers, wealth, and worldly involvements are of no use at all.	(ਹੇ ਜਿੰਦੇ!) ਦੁਨੀਆ ਦੀ ਪਾਤਿਸ਼ਾਹੀ ਤੇ ਧਨ-ਪਦਾਰਥ ਮਨ ਨੂੰ ਮੋਹੀ ਰੱਖਦੇ ਹਨ, (ਇਸ ਰਾਜ-ਮਾਲ ਨੂੰ ਆਖ਼ਰ) ਕਿਸੇ ਕੰਮ ਆਉਂਦਾ ਨਾਹ ਸਮਝ।

18358	398	ਹਰਿ ਕੀਰਤਨੁ ਆਧਾਰੁ ਨਿਹਚਲੁ ਏਹੁ ਧਨੋ॥੨॥	(ਨਿਹਚਲੁ) ਸਦਾ ਕਾਇਮ	Har Keerathan Aadhhaar Nihachal Eaehu Dhhanuo ||2||	The Kirtan of the Lord's Praise is my Support; this wealth is everlasting. ||2||	ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੀ ਜਿੰਦ ਦਾ ਅਸਲੀ ਆਸਰਾ ਹੈ, ਇਹੀ ਸਦਾ ਕਾਇਮ ਰਹਿਣ ਵਾਲਾ ਧਨ ਹੈ ॥੨॥
18359	398	ਜੇਤੇ ਮਾਇਆ ਰੰਗ ਤੇਤ ਪਛਾਵਿਆ॥	(ਪਛਾਵਿਆ)ਪਰਛਾਵੇਂ ਵਾਂਗ ਬਦਲ ਜਾਣ ਵਾਲੇ	Jaethae Maaeiaa Rang Thaeth Pashhaaviaa ||	As many as are the pleasures of Maya, so many are the shadows they leave.	(ਹੇ ਜਿੰਦੇ!) ਮਾਇਆ ਦੇ ਜਿਤਨੇ ਭੀ ਰੰਗ-ਤਮਾਸ਼ੇ ਹਨ ਉਹ ਸਾਰੇ ਪਰਛਾਵੇਂ ਵਾਂਗ ਢਲ ਜਾਣ ਵਾਲੇ ਹਨ।
18360	398	ਸੁਖ ਕਾ ਨਾਮੁ ਨਿਧਾਨੁ ਗੁਰਮੁਖਿ ਗਾਵਿਆ॥੩॥	(ਨਿਧਾਨੁ) ਖਜ਼ਾਨਾ	Sukh Kaa Naam Nidhhaan Guramukh Gaaviaa ||3||	The Gurmukhs sing of the Naam, the treasure of peace. ||3||	ਪਰਮਾਤਮਾ ਦਾ ਨਾਮ ਹੀ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ, ਇਹ ਨਾਮ ਗੁਰੂ ਦੀ ਸਰਨ ਪੈ ਕੇ ਹੀ ਸਲਾਹਿਆ ਜਾ ਸਕਦਾ ਹੈ ॥੩॥
18361	398	ਸਚਾ ਗੁਣੀ ਨਿਧਾਨੁ ਤੂੰ ਪ੍ਰਭ ਗਹਿਰ ਗੰਭੀਰੇ॥		Sachaa Gunee Nidhhaan Thoon Prabh Gehir Ganbheerae ||	You are the True Lord, the treasure of excellence; O God, You are deep and unfathomable.	ਹੇ ਪ੍ਰਭੂ! ਤੂੰ ਡੂੰਘਾ ਹੈਂ, ਤੂੰ ਵੱਡੇ ਜਿਗਰੇ ਵਾਲਾ ਹੈਂ, ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ ਸਾਰੇ ਗੁਣਾਂ ਦਾ ਖ਼ਜ਼ਾਨਾ ਹੈਂ।
18362	398	ਆਸ ਭਰੋਸਾ ਖਸਮ ਕਾ ਨਾਨਕ ਕੇ ਜੀਅਰੇ॥੪॥੯॥੧੧੧॥		Aas Bharosaa Khasam Kaa Naanak Kae Jeearae ||4||9||111||	The Lord Master is the hope and support of Nanak's mind. ||4||9||111||	ਹੇ ਨਾਨਕ ਦੀ ਜਿੰਦੇ! ਇਸ ਖਸਮ-ਪ੍ਰਭੂ ਦੀ ਹੀ (ਤੋੜ ਨਿਭਣ ਵਾਲੇ ਸਾਥ ਦੀ) ਆਸ ਰੱਖ, ਖਸਮ-ਪ੍ਰਭੂ ਦਾ ਹੀ ਭਰੋਸਾ ਰੱਖ ॥੪॥੯॥੧੧੧॥
18363	398	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

18364	398	ਜਿਸੁ ਸਿਮਰਤ ਦੁਖੁ ਜਾਇ ਸਹਜ ਸੁਖੁ ਪਾਈਐ॥		Jis Simarath Dhukh Jaae Sehaj Sukh Paaeeai ||	Remembering Him, suffering is removed, and celestial peace is obtained.	(ਹੇ ਭਾਈ!) ਜਿਸ ਪਰਮਾਤਮਾ ਦਾ ਸਿਮਰਨ ਕੀਤਿਆਂ ਹਰੇਕ ਦੁੱਖ ਦੂਰ ਹੋ ਜਾਂਦਾ ਹੈ ਤੇ ਆਤਮਕ ਅਡੋਲਤਾ ਦਾ ਆਨੰਦ ਮਿਲਦਾ ਹੈ,
18365	398	ਰੈਣਿ ਦਿਨਸੁ ਕਰ ਜੋੜਿ ਹਰਿ ਹਰਿ ਧਿਆਈਐ॥੧॥		Rain Dhinas Kar Jorr Har Har Dhhiaaeeai ||1||	Night and day, with your palms pressed together, meditate on the Lord, Har, Har. ||1||	ਉਸ ਅੱਗੇ ਦੋਵੇਂ ਹੱਥ ਜੋੜ ਕੇ ਸਦਾ ਉਸ ਦਾ ਧਿਆਨ ਧਰਨਾ ਚਾਹੀਦਾ ਹੈ ॥੧॥
18366	398	ਨਾਨਕ ਕਾ ਪ੍ਰਭੁ ਸੋਇ ਜਿਸ ਕਾ ਸਭੁ ਕੋਇ॥		Naanak Kaa Prabh Soe Jis Kaa Sabh Koe ||	He alone is Nanak's God, unto whom all beings belong.	(ਹੇ ਭਾਈ!) ਨਾਨਕ ਦਾ ਖਸਮ-ਪ੍ਰਭੂ ਉਹ ਹੈ ਜਿਸ ਦਾ ਪੈਦਾ ਕੀਤਾ ਹੋਇਆ ਹਰੇਕ ਜੀਵ ਹੈ।
18367	398	ਸਰਬ ਰਹਿਆ ਭਰਪੂਰਿ ਸਚਾ ਸਚੁ ਸੋਇ॥੧॥ਰਹਾਉ॥		Sarab Rehiaa Bharapoor Sachaa Sach Soe ||1|| Rehaao ||	He is totally pervading everywhere, the Truest of the True. ||1||Pause||	ਉਹ ਪ੍ਰਭੂ ਸਭਨਾਂ ਜੀਵਾਂ ਵਿਚ ਵਿਆਪਕ ਹੈ, ਉਹ ਸਦਾ ਕਾਇਮ ਰਹਿਣ ਵਾਲਾ ਹੈ, ਸਿਰਫ਼ ਉਹੀ ਸਦਾ ਕਾਇਮ ਰਹਿਣ ਵਾਲਾ ਹੈ ॥੧॥ ਰਹਾਉ ॥

18368	398	ਅੰਤਰਿ ਬਾਹਰਿ ਸੰਗਿ ਸਹਾਈ ਗਿਆਨ ਜੋਗੁ॥	(ਗਿਆਨ ਜੋਗੁ) ਜਾਨਣਯੋਗ	Anthar Baahar Sang Sehaaee Giaan Jog ||	Inwardly and outwardly, He is my companion and my helper; He is the One to be realized.	ਹੇ ਮੇਰੇ ਮਨ! ਉਸ ਪਰਮਾਤਮਾ ਦੀ ਆਰਾਧਨਾ ਕਰਿਆ ਕਰ ਜੋ ਸਭਨਾਂ ਦੇ ਅੰਦਰ ਵੱਸ ਰਿਹਾ ਹੈ, ਜੋ ਸਾਰੇ ਸੰਸਾਰ ਵਿਚ ਵੱਸ ਰਿਹਾ ਹੈ, ਜੋ ਸਭਨਾਂ ਦੇ ਨਾਲ ਰਹਿੰਦਾ ਹੈ, ਜੋ ਸਭਨਾਂ ਦੀ ਸਹਾਇਤਾ ਕਰਦਾ ਹੈ, ਜਿਸ ਨਾਲ ਡੂੰਘੀ ਜਾਣ-ਪਛਾਣ ਪਾਉਣੀ ਬਹੁਤ ਜ਼ਰੂਰੀ ਹੈ,
18369	398	ਤਿਸਹਿ ਅਰਾਧਿ ਮਨਾ ਬਿਨਾਸੈ ਸਗਲ ਰੋਗੁ॥੨॥		Thisehi Araadhh Manaa Binaasai Sagal Rog ||2||	Adoring Him, my mind is cured of all its ailments. ||2||	(ਹੇ ਮਨ! ਉਸ ਦਾ ਸਿਮਰਨ ਕੀਤਿਆਂ) ਹਰੇਕ ਰੋਗ ਦਾ ਨਾਸ ਹੋ ਜਾਂਦਾ ਹੈ ॥੨॥
18370	398	ਰਾਖਨਹਾਰੁ ਅਪਾਰੁ ਰਾਖੈ ਅਗਨਿ ਮਾਹਿ॥		Raakhanehaar Apaar Raakhai Agan Maahi ||	The Savior Lord is infinite; He saves us from the fire of the womb.	ਹੇ ਭਾਈ! ਸਭਨਾਂ ਦੀ ਰੱਖਿਆ ਕਰਨ ਦੀ ਸਮਰਥਾ ਵਾਲਾ ਬੇਅੰਤ ਪਰਮਾਤਮਾ (ਮਾਂ ਦੇ ਪੇਟ ਦੀ) ਅੱਗ ਵਿਚ (ਹਰੇਕ ਜੀਵ ਦੀ) ਰੱਖਿਆ ਕਰਦਾ ਹੈ,
18371	399	ਸੀਤਲੁ ਹਰਿ ਹਰਿ ਨਾਮੁ ਸਿਮਰਤ ਤਪਤਿ ਜਾਇ॥੩॥		Seethal Har Har Naam Simarath Thapath Jaae ||3||	The Name of the Lord, Har, Har, is soothing and cool; remembering it in meditation, the inner fire is quenched. ||3||	ਉਸ ਪਰਮਾਤਮਾ ਦਾ ਨਾਮ (ਮਨ ਵਿਚ) ਠੰਢ ਪਾਣ ਵਾਲਾ ਹੈ, ਉਸ ਦਾ ਨਾਮ ਸਿਮਰਿਆਂ (ਮਨ ਵਿਚੋਂ ਤ੍ਰਿਸ਼ਨਾ ਦੀ) ਤਪਸ਼ ਬੁੱਝ ਜਾਂਦੀ ਹੈ ॥੩॥

18372	399	ਸੂਖ ਸਹਜ ਆਨੰਦ ਘਣਾ ਨਾਨਕ ਜਨ ਧੂਰਾ॥		Sookh Sehaj Aanandh Ghanaa Naanak Jan Dhooraa ||	Peace, poise, and immense bliss, O Nanak, are obtained, when one becomes the dust of the feet of the humble servants of the Lord.	ਹੇ ਨਾਨਕ! (ਆਖ-) ਜੋ ਮਨੁੱਖ ਸੰਤ ਜਨਾਂ ਦੇ ਚਰਨਾਂ ਦੀ ਧੂੜ ਵਿਚ ਟਿਕਿਆ ਰਹਿੰਦਾ ਹੈ ਉਸ ਨੂੰ ਆਤਮਕ ਅਡੋਲਤਾ ਦੇ ਬਹੁਤ ਸੁਖ-ਆਨੰਦ ਪ੍ਰਾਪਤ ਹੋਏ ਰਹਿੰਦੇ ਹਨ।
18373	399	ਕਾਰਜ ਸਗਲੇ ਸਿਧਿ ਭਏ ਭੇਟਿਆ ਗੁਰੁ ਪੂਰਾ॥੪॥੧੦॥੧੧੨॥		Kaaraj Sagalae Sidhh Bheae Bhaettiaa Gur Pooraa ||4||10||112||	All of one's affairs are perfectly resolved, meeting with the Perfect Guru. ||4||10||112||	ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, ਉਸ ਨੂੰ ਸਾਰੇ ਕੰਮਾਂ-ਕਾਜਾਂ ਵਿਚ ਸਫਲਤਾ ਹੁੰਦੀ ਹੈ ॥੪॥੧੦॥੧੧੨॥
18374	399	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18375	399	ਗੋਬਿੰਦੁ ਗੁਣੀ ਨਿਧਾਨੁ ਗੁਰਮੁਖਿ ਜਾਣੀਐ॥		Gobindh Gunee Nidhhaan Guramukh Jaaneeai ||	The Lord of the Universe is the treasure of excellence; He is known only to the Gurmukh.	(ਹੇ ਸੰਤ ਜਨੋ!) ਪਰਮਾਤਮਾ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ, ਗੁਰੂ ਦੀ ਸਰਨ ਪੈ ਕੇ ਹੀ ਉਸ ਨਾਲ ਡੂੰਘੀ ਸਾਂਝ ਪਾਈ ਜਾ ਸਕਦੀ ਹੈ,
18376	399	ਹੋਇ ਕ੍ਰਿਪਾਲੁ ਦਇਆਲੁ ਹਰਿ ਰੰਗੁ ਮਾਣੀਐ॥੧॥		Hoe Kirapaal Dhaeiaal Har Rang Maaneeai ||1||	When He shows His Mercy and Kindness, we revel in the Lord's Love. ||1||	ਜੇ ਉਹ ਪ੍ਰਭੂ ਦਇਆਵਾਨ ਹੋਵੇ ਤੁੱਠ ਪਏ ਤਾਂ ਉਸ ਦਾ ਪ੍ਰੇਮ (-ਆਨੰਦ) ਮਾਣਿਆ ਜਾ ਸਕਦਾ ਹੈ ॥੧॥

18377	399	ਆਵਹੁ ਸੰਤ ਮਿਲਾਹ ਹਰਿ ਕਥਾ ਕਹਾਣੀਆ॥		Aavahu Santh Milaah Har Kathhaa Kehaaneeaa ||	Come, O Saints - let us join together and speak the Sermon of the Lord.	ਹੇ ਸੰਤ ਜਨੋ! ਆਓ, ਅਸੀਂ ਇਕੱਠੇ ਬੈਠੀਏ ਤੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਕਰੀਏ,
18378	399	ਅਨ ਦਿਨੁ ਸਿਮਰਹ ਨਾਮੁ ਤਜਿ ਲਾਜ ਲੋਕਾਣੀਆ॥੧॥ਰਹਾਉ॥	(ਲੋਕਾਣੀਆ) ਲੋਕਾਂ ਦੀ	Anadhin Simareh Naam Thaj Laaj Lokaaneeaa ||1|| Rehaao ||	Night and day, meditate on the Naam, the Name of the Lord, and ignore the criticism of others. ||1||Pause||	ਲੋਕ-ਲਾਜ ਛੱਡ ਕੇ ਹਰ ਵੇਲੇ ਉਸ ਦਾ ਨਾਮ ਸਿਮਰਦੇ ਰਹੀਏ ॥੧॥ ਰਹਾਉ ॥
18379	399	ਜਪਿ ਜਪਿ ਜੀਵਾ ਨਾਮੁ ਹੋਵੈ ਅਨਦੁ ਘਣਾ॥	ਅਨ-ਦੁ ਟਿਪੀ ਬਿਨਾ: ਪੋਲਾ ਬੋਲੋ	Jap Jap Jeevaa Naam Hovai Anadh Ghanaa ||	I live by chanting and meditating on the Naam, and so I obtain immense bliss.	(ਹੇ ਸੰਤ ਜਨੋ!) ਮੈਂ ਤਾਂ ਜਿਉਂ ਜਿਉਂ (ਪਰਮਾਤਮਾ ਦਾ) ਨਾਮ ਜਪਦਾ ਹਾਂ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ ਮੇਰੇ ਅੰਦਰ ਬੜਾ ਆਨੰਦ ਪੈਦਾ ਹੁੰਦਾ ਹੈ।
18380	399	ਮਿਥਿਆ ਮੋਹੁ ਸੰਸਾਰੁ ਝੂਠਾ ਵਿਣਸਣਾ॥੨॥	(ਵਿਣਸਣਾ) ਨਾਸ ਹੋਣਾ। ਮਿਥਿਆ: ਪੋਲਾ ਬੋਲੋ	Mithhiaa Mohu Sansaar Jhoothaa Vinasanaa ||2||	Attachment to the world is useless and vain; it is false, and perishes in the end. ||2||	(ਉਸ ਵੇਲੇ ਮੈਨੂੰ ਪ੍ਰਤੱਖ ਅਨੁਭਵ ਹੁੰਦਾ ਹੈ ਕਿ) ਸੰਸਾਰ (ਦਾ ਮੋਹ) ਵਿਅਰਥ ਮੋਹ ਹੈ, ਸੰਸਾਰ ਸਦਾ ਕਾਇਮ ਰਹਿਣ ਵਾਲਾ ਨਹੀਂ, ਸੰਸਾਰ ਤਾਂ ਨਾਸ ਹੋ ਜਾਣ ਵਾਲਾ ਹੈ (ਇਸ ਦੇ ਮੋਹ ਵਿਚੋਂ ਸੁਖ-ਆਨੰਦ ਕਿਵੇਂ ਮਿਲੇ?) ॥੨॥

18381	399	ਚਰਣਕਮਲ ਸੰਗਿ ਨੇਹੁ ਕਿਨੈ ਵਿਰਲੈ ਲਾਇਆ॥		Charan Kamal Sang Naehu Kinai Viralai Laaeiaa ||	How rare are those who embrace love for the Lord's Lotus Feet.	(ਪਰ, ਹੇ ਸੰਤ ਜਨੋ!) ਕਿਸੇ ਵਿਰਲੇ (ਭਾਗਾਂ ਵਾਲੇ) ਮਨੁੱਖ ਨੇ ਪਰਮਾਤਮਾ ਦੇ ਸੋਹਣੇ ਕੋਮਲ ਚਰਨਾਂ ਨਾਲ ਪਿਆਰ ਪਾਇਆ ਹੈ।
18382	399	ਧੰਨੁ ਸੁਹਾਵਾ ਮੁਖੁ ਜਿਨਿ ਹਰਿ ਧਿਆਇਆ॥੩॥		Dhhann Suhaavaa Mukh Jin Har Dhhiaaeiaa ||3||	Blessed and beautiful is that mouth, which meditates on the Lord. ||3||	ਜਿਸ ਨੇ (ਇਹ ਪਿਆਰ ਪਾਇਆ ਹੈ) ਪਰਮਾਤਮਾ ਦਾ ਨਾਮ ਸਿਮਰਿਆ ਹੈ ਉਸ ਦਾ ਮੂੰਹ ਭਾਗਾਂ ਵਾਲਾ ਹੈ ਉਸ ਦਾ ਮੂੰਹ ਸੋਹਣਾ ਲੱਗਦਾ ਹੈ ॥੩॥
18383	399	ਜਨਮ ਮਰਣ ਦੁਖ ਕਾਲ ਸਿਮਰਤ ਮਿਟਿ ਜਾਵਈ॥		Janam Maran Dhukh Kaal Simarath Mitt Jaavee ||	The pains of birth, death and reincarnation are erased by meditating on the Lord.	(ਹੇ ਸੰਤ ਜਨੋ!) ਪਰਮਾਤਮਾ ਦਾ ਨਾਮ ਸਿਮਰਿਆਂ ਜਨਮ ਮਰਨ (ਦੇ ਗੇੜ) ਦਾ ਦੁੱਖ ਮਿਟ ਜਾਂਦਾ ਹੈ।
18384	399	ਨਾਨਕ ਕੈ ਸੁਖੁ ਸੋਇ ਜੋ ਪ੍ਰਭ ਭਾਵਈ॥੪॥੧੧॥੧੧੩॥		Naanak Kai Sukh Soe Jo Prabh Bhaavee ||4||11||113||	That alone is Nanak's joy, which is pleasing to God. ||4||11||113||	(ਹੇ ਸੰਤ ਜਨੋ!) ਜੋ ਕੁਝ ਪ੍ਰਭੂ ਨੂੰ ਚੰਗਾ ਲੱਗਦਾ ਹੈ (ਉਹੀ ਚੰਗਾ ਹੈ ਇਹ ਨਿਸ਼ਚਾ ਜੋ ਸਿਮਰਨ ਦੀ ਬਰਕਤਿ ਨਾਲ ਪੈਦਾ ਹੁੰਦਾ ਹੈ) ਨਾਨਕ ਦੇ ਹਿਰਦੇ ਵਿਚ ਆਨੰਦ (ਪੈਦਾ ਕਰੀ ਰੱਖਦਾ ਹੈ) ॥੪॥੧੧॥੧੧੩॥
18385	399	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

18386	399	ਆਵਹੁ ਮੀਤ ਇਕਤ੍ਰ ਹੋਇ ਰਸ ਕਸ ਸਭਿ ਭੁੰਚਹ॥	(ਭੁੰਚਹ) ਖਾਵੋ। ਇ-ਕੱਤ੍ਰ	Aavahu Meeth Eikathr Hoe Ras Kas Sabh Bhuncheh ||	Come, O friends: let us meet together and enjoy all the tastes and flavors.	ਹੇ ਮਿੱਤਰੋ! ਆਓ, ਰਲ ਕੇ (ਹਰਿ-ਨਾਮ ਜਪੀਏ। ਇਹੀ ਹਨ ਮਾਨੋ) ਸਾਰੇ ਸੁਆਦਲੇ ਪਦਾਰਥ, ਆਓ, ਇਹ ਸਾਰੇ ਸੁਆਦਲੇ ਪਦਾਰਥ ਖਾਈਏ।
18387	399	ਅੰਮ੍ਰਿਤ ਨਾਮੁ ਹਰਿ ਹਰਿ ਜਪਹਿ ਮਿਲਿ ਪਾਪਾ ਮੁੰਚਹ॥੧॥	(ਮੁੰਚਹ) ਤਿਆਗੀਏ	Anmrith Naam Har Har Japeh Mil Paapaa Muncheh ||1||	Let us join together and chant the Ambrosial Name of the Lord, Har, Har, and so wipe away our sins. ||1||	ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਪੀਏ (ਤੇ ਨਾਮ ਦੀ ਬਰਕਤਿ ਨਾਲ ਆਪਣੇ ਸਾਰੇ) ਪਾਪ ਨਾਸ ਕਰ ਲਈਏ ॥੧॥
18388	399	ਤਤੁ ਵੀਚਾਰਹੁ ਸੰਤ ਜਨਹੁ ਤਾ ਤੇ ਬਿਘਨੁ ਨ ਲਾਗੈ॥	ਤਤੁ ਸਰੂਪ ਗੁਰਬਾਣੀ ਜੀ	Thath Veechaarahu Santh Janahu Thaa Thae Bighan N Laagai ||	Reflect upon the essence of reality, O Saintly beings, and no troubles shall afflict you.	ਹੇ ਸੰਤ ਜਨੋ! ਇਹ ਸੋਚਿਆ ਕਰੋ ਕਿ ਮਨੁੱਖਾ ਜੀਵਨ ਦਾ ਅਸਲ ਮਨੋਰਥ ਕੀਹ ਹੈ, ਇਸ ਉੱਦਮ ਨਾਲ (ਜੀਵਨ-ਸਫ਼ਰ ਵਿਚ) ਕੋਈ ਰੁਕਾਵਟ ਨਹੀਂ ਪੈਂਦੀ,
18389	399	ਖੀਨ ਭਏ ਸਭਿ ਤਸਕਰਾ ਗੁਰਮੁਖਿ ਜਨੁ ਜਾਗੈ॥੧॥ਰਹਾਉ॥	(ਖੀਨ) ਨਾਸ। (ਤਸਕਰਾ) ਚੋਰ	Kheen Bheae Sabh Thasakaraa Guramukh Jan Jaagai ||1|| Rehaao ||	All of the thieves shall be destroyed, as the Gurmukhs remain wakeful. ||1||Pause||	ਕਾਮਾਦਿਕ ਸਾਰੇ ਚੋਰ ਨਾਸ ਹੋ ਜਾਂਦੇ ਹਨ (ਕਿਉਂਕਿ) ਗੁਰੂ ਦੀ ਸਰਨ ਪਿਆਂ ਮਨੁੱਖ (ਇਹਨਾਂ ਚੋਰਾਂ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ ॥੧॥ ਰਹਾਉ ॥

18390	399	ਬੁਧਿ ਗਰੀਬੀ ਖਰਚੁ ਲੈਹੁ ਹਉਮੈ ਬਿਖੁ ਜਾਰਹੁ॥		Budhh Gareebee Kharach Laihu Houmai Bikh Jaarahu ||	Take wisdom and humility as your supplies, and burn away the poison of pride.	ਹੇ ਸੰਤ ਜਨੋ! ਨਿਮ੍ਰਤਾ ਵਾਲੀ ਬੁੱਧੀ ਧਾਰਨ ਕਰੋ-ਇਹ ਜੀਵਨ-ਸਫ਼ਰ ਦਾ ਖ਼ਰਚ ਪੱਲੇ ਬੰਨ੍ਹੋ। (ਨਾਮ ਦੀ ਬਰਕਤਿ ਨਾਲ ਆਪਣੇ ਅੰਦਰੋਂ) ਹਉਮੈ ਨੂੰ ਸਾੜ ਦਿਉ (ਜੋ ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲੀ) ਜ਼ਹਰ (ਹੈ)।
18391	399	ਸਾਚਾ ਹਟੁ ਪੂਰਾ ਸਉਦਾ ਵਖਰੁ ਨਾਮੁ ਵਾਪਾਰਹੁ॥੨॥		Saachaa Hatt Pooraa Soudhaa Vakhar Naam Vaapaarahu ||2||	True is that shop, and perfect the transaction; deal only in the merchandise of the Naam, the Name of the Lord. ||2||	(ਹੇ ਸੰਤ ਜਨੋ! ਹਰਿ-ਨਾਮ ਗੁਰੂ ਪਾਸੋਂ ਮਿਲਦਾ ਹੈ, ਗੁਰੂ ਦਾ ਘਰ ਹੀ) ਸਦਾ ਕਾਇਮ ਰਹਿਣ ਵਾਲਾ ਹੱਟ ਹੈ (ਗੁਰੂ-ਦਰ ਤੋਂ ਹੀ ਹਰਿ-ਨਾਮ ਦਾ) ਪੂਰਾ ਸੌਦਾ ਮਿਲਦਾ ਹੈ (ਗੁਰੂ-ਦਰ ਤੋਂ) ਨਾਮ-ਸੌਦਾ ਖ਼ਰੀਦੋ ॥੨॥
18392	399	ਜੀਉ ਪਿੰਡੁ ਧਨੁ ਅਰਪਿਆ ਸੇਈ ਪਤਿਵੰਤੇ॥	(ਪਿੰਡੁ) ਸ਼੍ਰੀਰ। (ਪਤਿਵੰਤੇ) ਇੱਜ਼ਤ ਵਾਲੇ	Jeeo Pindd Dhhan Arapiaa Saeee Pathivanthae ||	They alone are accepted and approved, who dedicate their souls, bodies and wealth.	(ਹੇ ਸੰਤ ਜਨੋ! ਜਿਨ੍ਹਾਂ ਮਨੁੱਖਾਂ ਨੇ ਹਰਿ-ਨਾਮ ਧਨ ਖ਼ਰੀਦਣ ਵਾਸਤੇ) ਆਪਣੀ ਜਿੰਦ ਆਪਣਾ ਸਰੀਰ ਆਪਣਾ ਦੁਨਿਆਵੀ ਧਨ ਭੇਟਾ ਕਰ ਦਿੱਤਾ, ਉਹ ਮਨੁੱਖ (ਲੋਕ ਪਰਲੋਕ ਵਿਚ) ਇੱਜ਼ਤ ਵਾਲੇ ਬਣ ਗਏ।
18393	399	ਆਪਨੜੇ ਪ੍ਰਭ ਭਾਣਿਆ ਨਿਤ ਕੇਲ ਕਰੰਤੇ॥੩॥	(ਕੇਲ) ਅਨੰਦ। ਆਪਨੜੇ	Aapanarrae Prabh Bhaaniaa Nith Kael Karanthae ||3||	Those who are pleasing to their God, celebrate in happiness. ||3||	ਉਹ ਆਪਣੇ ਪਰਮਾਤਮਾ ਨੂੰ ਪਿਆਰੇ ਲੱਗਣ ਲੱਗ ਪਏ, ਉਹ ਸਦਾ ਆਤਮਕ ਆਨੰਦ ਮਾਣਨ ਲੱਗ ਪਏ ॥੩॥

18394	399	ਦੁਰਮਤਿ ਮਦੁ ਜੋ ਪੀਵਤੇ ਬਿਖਲੀਪਤਿ ਕਮਲੀ॥	(ਮਦੁ) ਸ਼ਰਾਬ। (ਬਿਖਲੀ-ਪਤਿ) ਵੇਸਵਾ ਦੇ ਪਤੀ,ਕੰਜਰ। ਦੁਰ-ਮੱਤਿ। (ਦੂਜਾ ਪਾਠ: ਬਿਖ ਲੀਪਤਿ)	Dhuramath Madh Jo Peevathae Bikhalee Path Kamalee ||	Those fools, who drink in the wine of evil-mindedness, become the husbands of prostitutes.	(ਹੇ ਸੰਤ ਜਨੋ!) ਖੋਟੀ ਮਤਿ (ਮਾਨੋ) ਸ਼ਰਾਬ ਹੈ ਜੋ ਮਨੁੱਖ ਇਹ ਸ਼ਰਾਬ ਪੀਣ ਲੱਗ ਪੈਂਦੇ ਹਨ (ਜੋ ਗੁਰੂ ਦਾ ਆਸਰਾ ਛੱਡ ਕੇ ਖੋਟੀ ਮਤਿ ਦੇ ਪਿੱਛੇ ਤੁਰਨ ਲੱਗ ਪੈਂਦੇ ਹਨ) ਉਹ ਦੁਰਾਚਾਰੀ ਹੋ ਜਾਂਦੇ ਹਨ ਉਹ (ਵਿਕਾਰਾਂ ਵਿਚ) ਝੱਲੇ ਹੋ ਜਾਂਦੇ ਹਨ।
18395	399	ਰਾਮ ਰਸਾਇਣਿ ਜੋ ਰਤੇ ਨਾਨਕ ਸਚ ਅਮਲੀ॥੪॥੧੨॥੧੧੪॥	(ਰਸਾਇਣਿ) ਰਸਾਂ ਦੇ ਘਰ	Raam Rasaaein Jo Rathae Naanak Sach Amalee ||4||12||114||	But those who are imbued with the sublime essence of the Lord, O Nanak, are intoxicated with the Truth. ||4||12||114||	ਪਰ, ਹੇ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦੇ ਨਾਮ ਦੇ ਸ੍ਰੇਸ਼ਟ ਰਸ ਵਿਚ ਮਸਤ ਰਹਿੰਦੇ ਹਨ ਉਹਨਾਂ ਨੂੰ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਦਾ ਅਮਲ ਲੱਗ ਜਾਂਦਾ ਹੈ ॥੪॥੧੨॥੧੧੪॥
18396	399	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18397	399	ਉਦਮੁ ਕੀਆ ਕਰਾਇਆ ਆਰੰਭੁ ਰਚਾਇਆ॥		Oudham Keeaa Karaaeiaa Aaranbh Rachaaeiaa ||	I made the effort; I did it, and made a beginning.	(ਹੇ ਭਾਈ!) ਜਿਵੇਂ ਗੁਰੂ ਨੇ ਉੱਦਮ ਕਰਨ ਲਈ ਪ੍ਰੇਰਨਾ ਕੀਤੀ ਹੈ ਤਿਵੇਂ ਹੀ ਮੈਂ ਉੱਦਮ ਕੀਤਾ ਹੈ ਤੇ ਪਰਮਾਤਮਾ ਦਾ ਨਾਮ ਜਪਣ ਦੇ ਉੱਦਮ ਦਾ ਮੁੱਢ ਮੈਂ ਬੰਨ੍ਹ ਦਿੱਤਾ ਹੈ।

18398	399	ਨਾਮੁ ਜਪੇ ਜਪਿ ਜੀਵਣਾ ਗੁਰਿ ਮੰਤ੍ਰੁ ਦ੍ਰਿੜਾਇਆ॥੧॥		Naam Japae Jap Jeevanaa Gur Manthra Dhrirraaeiaa ||1||	I live by chanting and meditating on the Naam. The Guru has implanted this Mantra within me. ||1||	ਗੁਰੂ ਨੇ ਮੇਰੇ ਹਿਰਦੇ ਵਿਚ ਨਾਮ-ਮੰਤ੍ਰ ਪੱਕਾ ਕਰ ਕੇ ਟਿਕਾ ਦਿੱਤਾ ਹੈ, ਹੁਣ ਨਾਮ ਜਪ ਜਪ ਕੇ ਮੈਨੂੰ ਆਤਮਕ ਜੀਵਨ ਮਿਲ ਗਿਆ ਹੈ ॥੧॥
18399	399	ਪਾਇ ਪਰਹ ਸਤਿਗੁਰੂ ਕੈ ਜਿਨਿ ਭਰਮੁ ਬਿਦਾਰਿਆ॥	(ਬਿਦਾਰਿਆ) ਨਾਸ ਕੀਤਾ	Paae Pareh Sathiguroo Kai Jin Bharam Bidhaariaa ||	I fall at the Feet of the True Guru, who has dispelled my doubts.	(ਹੇ ਭਾਈ! ਆਓ) ਉਸ ਗੁਰੂ ਦੇ ਚਰਨਾਂ ਉਤੇ ਢਹਿ ਪਈਏ ਜਿਸ ਨੇ ਸਾਡੇ ਮਨ ਦੀ ਭਟਕਣਾ ਨਾਸ ਕਰ ਦਿੱਤੀ ਹੈ।
18400	399	ਕਰਿ ਕਿਰਪਾ ਪ੍ਰਭਿ ਆਪਣੀ ਸਚੁ ਸਾਜਿ ਸਵਾਰਿਆ॥੧॥ਰਹਾਉ॥		Kar Kirapaa Prabh Aapanee Sach Saaj Savaariaa ||1|| Rehaao ||	Bestowing His Mercy, God has dressed me, and decorated me with the Truth. ||1||Pause||	(ਗੁਰੂ ਦੀ ਬਰਕਤਿ ਨਾਲ ਹੀ) ਪਰਮਾਤਮਾ ਨੇ ਆਪਣੀ ਕਿਰਪਾ ਕਰ ਕੇ (ਆਪਣਾ) ਸਦਾ-ਥਿਰ ਨਾਮ (ਜਪਣ ਦਾ ਰਸਤਾ) ਚਲਾ ਕੇ ਸਾਡਾ ਜੀਵਨ ਸੋਹਣਾ ਬਣਾ ਦਿੱਤਾ ਹੈ ॥੧॥ ਰਹਾਉ ॥
18401	399	ਕਰੁ ਗਹਿ ਲੀਨੇ ਆਪਣੇ ਸਚੁ ਹੁਕਮਿ ਰਜਾਈ॥		Kar Gehi Leenae Aapanae Sach Hukam Rajaaee ||	Taking me by the hand, He made me His own, through the True Order of His Command.	(ਹੇ ਭਾਈ!) ਉਹ ਰਜ਼ਾ ਦਾ ਮਾਲਕ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ ਉਸ ਨੇ ਆਪਣੇ ਹੁਕਮ ਵਿਚ ਹੀ ਮੇਰਾ ਹੱਥ ਫੜ ਕੇ ਮੈਨੂੰ ਆਪਣੇ ਚਰਨਾਂ ਵਿਚ ਲੀਨ ਕਰ ਲਿਆ ਹੈ।

18402	399	ਜੋ ਪ੍ਰਭਿ ਦਿਤੀ ਦਾਤਿ ਸਾ ਪੂਰਨ ਵਡਿਆਈ॥੨॥		Jo Prabh Dhithee Dhaath Saa Pooran Vaddiaaee ||2||	That gift which God gave to me, is perfect greatness. ||2||	(ਆਪਣੇ ਨਾਮ ਦੀ) ਜੇਹੜੀ ਦਾਤਿ ਮੈਨੂੰ ਦਿੱਤੀ ਹੈ ਉਹੀ ਮੇਰੇ ਵਾਸਤੇ ਸਭ ਤੋਂ ਵੱਡਾ ਆਦਰ-ਮਾਣ ਹੈ ॥੨॥
18403	399	ਸਦਾ ਸਦਾ ਗੁਣ ਗਾਈਅਹਿ ਜਪਿ ਨਾਮੁ ਮੁਰਾਰੀ॥	ਗਾਈਅਹਿ	Sadhaa Sadhaa Gun Gaaeeahi Jap Naam Muraaree ||	Forever and ever, sing the Glorious Praises of the Lord, and chant the Name of the Destroyer of ego.	(ਹੇ ਭਾਈ! ਹੁਣ ਮੇਰੇ ਹਿਰਦੇ ਵਿਚ) ਸਦਾ ਹੀ ਪਰਮਾਤਮਾ ਦੇ ਗੁਣ ਗਾਏ ਜਾ ਰਹੇ ਹਨ, ਮੈਂ ਸਦਾ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹਾਂ।
18404	399	ਨੇਮੁ ਨਿਬਾਹਿਓ ਸਤਿਗੁਰੂ ਪ੍ਰਭਿ ਕਿਰਪਾ ਧਾਰੀ॥੩॥		Naem Nibaahiou Sathiguroo Prabh Kirapaa Dhhaaree ||3||	My vows have been honored, by the Grace of God and the True Guru, who has showered His Mercy. ||3||	ਪ੍ਰਭੂ ਨੇ ਮੇਹਰ ਕੀਤੀ ਹੈ। ਗੁਰੂ ਮੇਰਾ (ਨਾਮ ਜਪਣ ਦਾ) ਨੇਮ ਤੋੜ ਚਾੜ੍ਹ ਰਿਹਾ ਹੈ ॥੩॥
18405	399	ਨਾਮੁ ਧਨੁ ਗੁਣ ਗਾਉ ਲਾਭੁ ਪੂਰੈ ਗੁਰਿ ਦਿਤਾ॥	ਦਿੱਤਾ	Naam Dhhan Gun Gaao Laabh Poorai Gur Dhithaa ||	The Perfect Guru has given the wealth of the Naam, and the profit of singing the Lord's Glorious Praises.	(ਹੇ ਭਾਈ! ਹੁਣ) ਪਰਮਾਤਮਾ ਦਾ ਨਾਮ ਹੀ (ਮੇਰਾ) ਧਨ ਹੈ, ਮੈਂ ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹਾਂ ਪੂਰੇ ਗੁਰੂ ਨੇ ਮੈਨੂੰ (ਮਨੁੱਖਾ ਜਨਮ ਵਿਚ ਕੀਤੇ ਜਾਣ ਵਾਲੇ ਵਣਜ ਦਾ ਇਹ) ਲਾਭ ਦਿੱਤਾ ਹੈ।

18406	399	ਵਣਜਾਰੇ ਸੰਤ ਨਾਨਕਾ ਪ੍ਰਭੁ ਸਾਹੁ ਅਮਿਤਾ॥੪॥੧੩॥੧੧੫॥	(ਅਮਿਤਾ) ਬੇਅੰਤ	Vanajaarae Santh Naanakaa Prabh Saahu Amithaa ||4||13||115||	The Saints are the traders, O Nanak, and the Infinite Lord God is their Banker. ||4||13||115||	ਹੇ ਨਾਨਕ! (ਆਖ-ਹੇ ਭਾਈ! ਨਾਮ-ਰਾਸਿ ਦਾ) ਸਾਹੂਕਾਰ ਪਰਮਾਤਮਾ ਬੇਅੰਤ ਤਾਕਤ ਦਾ ਮਾਲਕ ਹੈ ਉਸ ਦੇ ਸੰਤ-ਜਨ (ਉਸ ਦੀ ਮੇਹਰ ਨਾਲ ਹੀ ਉਸ ਦੇ ਨਾਮ ਦੇ) ਵਣਜਾਰੇ ਹਨ (ਮਨੁੱਖਾ ਜਨਮ ਦਾ ਲਾਭ ਹਾਸਲ ਕਰਨ ਲਈ ਸੰਤ ਜਨਾਂ ਦੀ ਸਰਨ ਪੈਣਾ ਚਾਹੀਦਾ ਹੈ) ॥੪॥੧੩॥੧੧੫॥
18407	399	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18408	399	ਜਾ ਕਾ ਠਾਕੁਰੁ ਤੁਹੀ ਪ੍ਰਭ ਤਾ ਕੇ ਵਡਭਾਗਾ॥		Jaa Kaa Thaakur Thuhee Prabh Thaa Kae Vaddabhaagaa ||	One who has You as His Master, O God, is blessed with great destiny.	ਹੇ ਪ੍ਰਭੂ! ਤੂੰ ਆਪ ਹੀ ਜਿਸ ਮਨੁੱਖ ਦੇ ਸਿਰ ਉੱਤੇ ਮਾਲਕ ਹੈਂ ਉਸ ਦੇ ਵੱਡੇ ਭਾਗ (ਸਮਝਣੇ ਚਾਹੀਦੇ) ਹਨ,
18409	399	ਓਹੁ ਸੁਹੇਲਾ ਸਦ ਸੁਖੀ ਸਭੁ ਭ੍ਰਮੁ ਭਉ ਭਾਗਾ॥੧॥		Ouhu Suhaelaa Sadh Sukhee Sabh Bhram Bho Bhaagaa ||1||	He is happy, and forever at peace; his doubts and fears are all dispelled. ||1||	ਉਹ ਸਦਾ ਸੌਖਾ (ਜੀਵਨ ਬਿਤੀਤ ਕਰਦਾ) ਹੈ ਉਹ ਸਦਾ ਸੁਖੀ (ਰਹਿੰਦਾ) ਹੈ ਉਸ ਦਾ ਹਰੇਕ ਕਿਸਮ ਦਾ ਡਰ ਤੇ ਭਰਮ ਦੂਰ ਹੋ ਜਾਂਦਾ ਹੈ ॥੧॥
18410	399	ਹਮ ਚਾਕਰ ਗੋਬਿੰਦ ਕੇ ਠਾਕੁਰੁ ਮੇਰਾ ਭਾਰਾ॥		Ham Chaakar Gobindh Kae Thaakur Maeraa Bhaaraa ||	I am the slave of the Lord of the Universe; my Master is the greatest of all.	(ਹੇ ਭਾਈ!) ਮੈਂ ਉਸ ਗੋਬਿੰਦ ਦਾ ਸੇਵਕ ਹਾਂ ਮੇਰਾ ਉਹ ਮਾਲਕ ਹੈ ਜੋ ਸਭ ਤੋਂ ਵੱਡਾ ਹੈ,

18411	399	ਕਰਨ ਕਰਾਵਨ ਸਗਲ ਬਿਧਿ ਸੋ ਸਤਿਗੁਰੂ ਹਮਾਰਾ॥੧॥ਰਹਾਉ॥		Karan Karaavan Sagal Bidhh So Sathiguroo Hamaaraa ||1|| Rehaao ||	He is the Creator, the Cause of causes; He is my True Guru. ||1||Pause||	ਜੋ (ਸਭ ਜੀਵਾਂ ਵਿਚ ਵਿਆਪਕ ਹੋ ਕੇ ਆਪ ਹੀ) ਸਾਰੇ ਤਰੀਕਿਆਂ ਨਾਲ (ਸਭ ਕੁਝ) ਕਰਨ ਵਾਲਾ ਹੈ ਤੇ (ਜੀਵਾਂ ਪਾਸੋਂ) ਕਰਾਣ ਵਾਲਾ ਹੈ, ਉਹੀ ਮੇਰਾ ਗੁਰੂ ਹੈ (ਮੈਨੂੰ ਜੀਵਨ-ਰਾਹ ਦਾ ਚਾਨਣ ਦੇਣ ਵਾਲਾ ਹੈ) ॥੧॥ ਰਹਾਉ ॥
18412	399	ਦੂਜਾ ਨਾਹੀ ਅਉਰੁ ਕੋ ਤਾ ਕਾ ਭਉ ਕਰੀਐ॥	ਤਾਂ (ਕਾ) ਕੀ (ਭਉ) ਭੈ (ਕਰੀਐ)ਕਰਨਾ ਹੈ	Dhoojaa Naahee Aour Ko Thaa Kaa Bho Kareeai ||	There is no other whom I should fear.	(ਹੇ ਭਾਈ! ਜਗਤ ਵਿਚ) ਪਰਮਾਤਮਾ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ ਜਿਸ ਦਾ ਡਰ ਮੰਨਿਆ ਜਾਏ।
18413	400	ਗੁਰ ਸੇਵਾ ਮਹਲੁ ਪਾਈਐ ਜਗੁ ਦੁਤਰੁ ਤਰੀਐ॥੨॥	(ਦੁੱਤ-ਰੁ) ਤਰਨ ਨੂੰ ਔਖਾ	Gur Saevaa Mehal Paaeeai Jag Dhuthar Thareeai ||2||	Serving the Guru, the Mansion of the Lord's Presence is obtained, and the impassable world-ocean is crossed over. ||2||	(ਹੇ ਭਾਈ!) ਗੁਰੂ ਦੀ ਦੱਸੀ ਸੇਵਾ ਕੀਤਿਆਂ (ਪਰਮਾਤਮਾ ਦੇ ਚਰਨਾਂ ਵਿਚ) ਟਿਕਾਣਾ ਮਿਲ ਜਾਂਦਾ ਹੈ, ਤੇ ਇਸ ਸੰਸਾਰ (-ਸਮੁੰਦਰ) ਤੋਂ ਪਾਰ ਲੰਘ ਜਾਈਦਾ ਹੈ ਜਿਸ ਤੋਂ (ਉਂਞ) ਪਾਰ ਲੰਘਣਾ ਬਹੁਤ ਹੀ ਔਖਾ ਹੈ ॥੨॥
18414	400	ਦ੍ਰਿਸਟਿ ਤੇਰੀ ਸੁਖੁ ਪਾਈਐ ਮਨ ਮਾਹਿ ਨਿਧਾਨਾ॥		Dhrisatt Thaeree Sukh Paaeeai Man Maahi Nidhhaanaa ||	By Your Glance of Grace, peace is obtained, and the treasure fills the mind.	ਹੇ ਪ੍ਰਭੂ! ਤੇਰੀ ਮੇਹਰ ਦੀ ਨਜ਼ਰ ਨਾਲ ਸੁਖ ਮਿਲਦਾ ਹੈ (ਜਿਨ੍ਹਾਂ ਉਤੇ ਤੇਰੀ ਮੇਹਰ ਹੋਵੇ ਉਹਨਾਂ ਦੇ) ਮਨ ਵਿਚ (ਤੇਰਾ ਨਾਮ-) ਖ਼ਜ਼ਾਨਾ ਆ ਵੱਸਦਾ ਹੈ।

18415	400	ਜਾ ਕਉ ਤੁਮ ਕਿਰਪਾਲ ਭਏ ਸੇਵਕ ਸੇ ਪਰਵਾਨਾ॥੩॥		Jaa Ko Thum Kirapaal Bheae Saevak Sae Paravaanaa ||3||	That servant, unto whom You bestow Your Mercy, is approved and accepted. ||3||	ਹੇ ਪ੍ਰਭੂ! ਜਿਨ੍ਹਾਂ ਉਤੇ ਤੂੰ ਦਇਆਵਾਨ ਹੁੰਦਾ ਹੈਂ ਉਹ ਤੇਰੇ ਸੇਵਕ ਤੇਰੇ ਦਰ ਤੇ ਕਬੂਲ ਹੁੰਦੇ ਹਨ ॥੩॥
18416	400	ਅੰਮ੍ਰਿਤ ਰਸੁ ਹਰਿ ਕੀਰਤਨੋ ਕੋ ਵਿਰਲਾ ਪੀਵੈ॥		Anmrith Ras Har Keerathano Ko Viralaa Peevai ||	How rare is that person who drinks in the Ambrosial Essence of the Lord's Kirtan.	ਹੇ ਭਾਈ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਆਤਮਕ ਜੀਵਨ ਦੇਣ ਵਾਲਾ ਰਸ ਹੈ, ਕੋਈ ਵਿਰਲਾ (ਭਾਗਾਂ ਵਾਲਾ) ਮਨੁੱਖ ਇਹ (ਅੰਮ੍ਰਿਤ ਰਸ) ਪੀਂਦਾ ਹੈ।
18417	400	ਵਜਹੁ ਨਾਨਕ ਮਿਲੈ ਏਕੁ ਨਾਮੁ ਰਿਦ ਜਪਿ ਜਪਿ ਜੀਵੈ॥੪॥੧੪॥੧੧੬॥	(ਵਜਹੁ) ਤਨਖਾਹ	Vajahu Naanak Milai Eaek Naam Ridh Jap Jap Jeevai ||4||14||116||	Nanak has obtained the commodity of the One Name; he lives by chanting and meditating on it within his heart. ||4||14||116||	ਹੇ ਨਾਨਕ! (ਆਖ-ਜਿਸ ਨੌਕਰ ਨੂੰ) ਪਰਮਾਤਮਾ ਦਾ ਨਾਮ-ਵਜ਼ੀਫ਼ਾ ਮਿਲ ਜਾਂਦਾ ਹੈ ਉਹ ਆਪਣੇ ਹਿਰਦੇ ਵਿਚ ਇਹ ਨਾਮ ਸਦਾ ਜਪ ਕੇ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ ॥੪॥੧੪॥੧੧੬॥
18418	400	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18419	400	ਜਾ ਪ੍ਰਭ ਕੀ ਹਉ ਚੇਰੁਲੀ ਸੋ ਸਭ ਤੇ ਊਚਾ॥	(ਚੇਰੁਲੀ) ਦਾਸੀ	Jaa Prabh Kee Ho Chaerulee So Sabh Thae Oochaa ||	I am God's maid-servant; He is the highest of all.	ਹੇ ਸਹੇਲੀਹੋ! ਮੈਂ ਜਿਸ ਪ੍ਰਭੂ ਦੀ ਨਿਮਾਣੀ ਜਿਹੀ ਦਾਸੀ ਹਾਂ ਮੇਰਾ ਉਹ ਮਾਲਕ-ਪ੍ਰਭੂ ਸਭਨਾਂ ਨਾਲੋਂ ਉੱਚਾ ਹੈ,

18420	400	ਸਭੁ ਕਿਛੁ ਤਾ ਕਾ ਕਾਂਢੀਐ ਥੋਰਾ ਅਰੁ ਮੂਚਾ॥੧॥	(ਕਾਂਢੀਐ) ਕਹੀਦਾ। (ਮੂਚਾ) ਵੱਡਾ	Sabh Kishh Thaa Kaa Kaandteeai Thhoraa Ar Moochaa ||1||	All things, big and small, are said to belong to Him. ||1||	ਮੇਰੇ ਪਾਸ ਜੋ ਕੁਝ ਭੀ ਨਿੱਕੀ ਵੱਡੀ ਚੀਜ਼ ਹੈ ਉਸ ਮਾਲਕ ਦੀ ਹੀ ਅਖਵਾਂਦੀ ਹੈ ॥੧॥
18421	400	ਜੀਅ ਪ੍ਰਾਨ ਮੇਰਾ ਧਨੋ ਸਾਹਿਬ ਕੀ ਮਨੀਆ॥		Jeea Praan Maeraa Dhhano Saahib Kee Maneeaa ||	I surrender my soul, my breath of life, and my wealth, to my Lord Master.	ਹੇ ਸਹੇਲੀਹੋ! ਮੇਰੀ ਜਿੰਦ ਮੇਰੇ ਪ੍ਰਾਣ ਮੇਰਾ ਧਨ-ਪਦਾਰਥ-ਇਹ ਸਭ ਕੁਝ ਮੈਂ ਆਪਣੇ ਮਾਲਕ-ਪ੍ਰਭੂ ਦੀ ਦਿੱਤੀ ਹੋਈ ਦਾਤਿ ਮੰਨਦੀ ਹਾਂ।
18422	400	ਨਾਮਿ ਜਿਸੈ ਕੈ ਊਜਲੀ ਤਿਸੁ ਦਾਸੀ ਗਨੀਆ॥੧॥ਰਹਾਉ ॥		Naam Jisai Kai Oojalee This Dhaasee Ganeeaa ||1|| Rehaao ||	Through His Name, I become radiant; I am known as His slave. ||1||Pause||	ਜਿਸ ਮਾਲਕ-ਪ੍ਰਭੂ ਦੇ ਨਾਮ ਦੀ ਬਰਕਤਿ ਨਾਲ ਮੈਂ ਇੱਜ਼ਤ ਵਾਲੀ ਹੋ ਗਈ ਹਾਂ ਮੈਂ ਆਪਣੇ ਆਪ ਨੂੰ ਉਸ ਦੀ ਦਾਸੀ ਗਿਣਤੀ ਹਾਂ ॥੧॥ ਰਹਾਉ ॥
18423	400	ਵੇਪਰਵਾਹੁ ਅਨੰਦਮੈ ਨਾਉ ਮਾਣਕ ਹੀਰਾ॥	(ਮਾਣਕ) ਮੋਤੀ। ਅਨੰਦ-ਮੈ: ਮੈ ਦੁਲਾਂ ਨੂੰ ਬਿੰਦੀ ਨ ਲਾਉ	Vaeparavaahu Anandh Mai Naao Maanak Heeraa ||	You are Carefree, the Embodiment of Bliss. Your Name is a gem, a jewel.	(ਹੇ ਮੇਰੇ ਮਾਲਕ-ਪ੍ਰਭੂ!) ਤੈਨੂੰ ਕਿਸੇ ਦੀ ਮੁਥਾਜੀ ਨਹੀਂ, ਤੂੰ ਸਦਾ ਆਨੰਦ-ਸਰੂਪ ਹੈਂ, ਤੇਰਾ ਨਾਮ ਮੇਰੇ ਵਾਸਤੇ ਮੋਤੀ ਹੈ ਹੀਰਾ ਹੈ।
18424	400	ਰਜੀ ਧਾਈ ਸਦਾ ਸੁਖੁ ਜਾ ਕਾ ਤੂੰ ਮੀਰਾ॥੨॥	(ਮੀਰਾ) ਪਾਤਸ਼ਾਹ। ਔਗੁਣਾਂ ਵਿਕਾਰਾਂ, ਲੋਕ ਪ੍ਰਲੋਕ ਦੇਪਦਾਰਥਾਂ ਦੀ (ਧਾਈ)ਦੌੜ ਵੱਲੋਂ ਰੱਜੀ	Rajee Dhhaaee Sadhaa Sukh Jaa Kaa Thoon Meeraa ||2||	One who has You as her Master, is satisfied, satiated and happy forever. ||2||	ਹੇ ਪ੍ਰਭੂ! ਜਿਸ ਜੀਵ-ਇਸਤ੍ਰੀ ਦਾ (ਜਿਸ ਜੀਵ-ਇਸਤ੍ਰੀ ਦੇ ਸਿਰ ਉਤੇ) ਤੂੰ ਪਾਤਿਸ਼ਾਹ (ਬਣਦਾ) ਹੈਂ ਉਹ (ਮਾਇਆ ਵਲੋਂ) ਰੱਜੀ ਰਹਿੰਦੀ ਹੈ ਤ੍ਰਿਪਤ ਹੋਈ ਰਹਿੰਦੀ ਹੈ ਉਹ ਸਦਾ ਆਨੰਦ ਮਾਣਦੀ ਹੈ ॥੨॥

18425	400	ਸਖੀ ਸਹੇਰੀ ਸੰਗ ਕੀ ਸੁਮਤਿ ਦ੍ਰਿੜਾਵਉ॥	ਸੁ-ਮੱਤਿ	Sakhee Sehaeree Sang Kee Sumath Dhrirraavo ||	O my companions and fellow maidens, please implant that balanced understanding within me.	ਹੇ ਮੇਰੇ ਨਾਲ ਦੀਓ ਸਹੇਲੀਹੋ! ਮੈਂ ਤੁਹਾਨੂੰ ਇਹ ਭਲੀ ਸਲਾਹ ਮੁੜ ਮੁੜ ਚੇਤੇ ਕਰਾਂਦੀ ਹਾਂ (ਜੋ ਮੈਨੂੰ ਗੁਰੂ ਪਾਸੋਂ ਮਿਲੀ ਹੋਈ ਹੈ),
18426	400	ਸੇਵਹੁ ਸਾਧੂ ਭਾਉ ਕਰਿ ਤਉ ਨਿਧਿ ਹਰਿ ਪਾਵਉ॥੩॥		Saevahu Saadhhoo Bhaao Kar Tho Nidhh Har Paavo ||3||	Serve the Holy Saints lovingly, and find the treasure of the Lord. ||3||	ਤੁਸੀ ਸਰਧਾ-ਪ੍ਰੇਮ ਧਾਰ ਕੇ ਗੁਰੂ ਦੀ ਸਰਨ ਪਵੋ। (ਮੈਂ ਜਦੋਂ ਦੀ ਗੁਰੂ ਦੀ ਸਰਨ ਪਈ ਹਾਂ) ਤਦੋਂ ਤੋਂ ਮੈਂ ਪਰਮਾਤਮਾ ਦਾ ਨਾਮ-ਖ਼ਜ਼ਾਨਾ ਪ੍ਰਾਪਤ ਕਰ ਰਹੀ ਹਾਂ ॥੩॥
18427	400	ਸਗਲੀ ਦਾਸੀ ਠਾਕੁਰੈ ਸਭ ਕਹਤੀ ਮੇਰਾ॥		Sagalee Dhaasee Thaakurai Sabh Kehathee Maeraa ||	All are servants of the Lord Master, and all call Him their own.	ਹੇ ਮੇਰੀ ਸਹੇਲੀਹੋ! ਹਰੇਕ ਜੀਵ-ਇਸਤ੍ਰੀ ਹੀ ਮਾਲਕ-ਪ੍ਰਭੂ ਦੀ ਦਾਸੀ ਹੈ, ਹਰੇਕ ਜੀਵ-ਇਸਤ੍ਰੀ ਆਖਦੀ ਹੈ ਕਿ ਪਰਮਾਤਮਾ ਮੇਰਾ ਮਾਲਕ ਹੈ।
18428	400	ਜਿਸਹਿ ਸੀਗਾਰੇ ਨਾਨਕਾ ਤਿਸੁ ਸੁਖਹਿ ਬਸੇਰਾ॥੪॥੧੫॥੧੧੭॥		Jisehi Seegaarae Naanakaa This Sukhehi Basaeraa ||4||15||117||	She alone dwells in peace, O Nanak, whom the Lord adorns. ||4||15||117||	ਪਰ, ਹੇ ਨਾਨਕ! (ਆਖ-ਹੇ ਸਹੇਲੀਹੋ!) ਜੀਵ-ਇਸਤ੍ਰੀ (ਦੇ ਜੀਵਨ) ਨੂੰ (ਮਾਲਕ-ਪ੍ਰਭੂ ਆਪ) ਸੋਹਣਾ ਬਣਾਂਦਾ ਹੈ ਉਸ ਦਾ ਨਿਵਾਸ ਸੁਖ-ਆਨੰਦ ਵਿਚ ਹੋਇਆ ਰਹਿੰਦਾ ਹੈ ॥੪॥੧੫॥੧੧੭॥
18429	400	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

18430	400	ਸੰਤਾ ਕੀ ਹੋਇ ਦਾਸਰੀ ਏਹੁ ਅਚਾਰਾ ਸਿਖੁ ਰੀ॥	(ਅਚਾਰਾ) ਸ਼ੁਭ ਕਰਨੀ। ਸਿੱਖੁ	Santhaa Kee Hoe Dhaasaree Eaehu Achaaraa Sikh Ree ||	Become the servant of the Saints, and learn this way of life.	ਹੇ ਮੇਰੀ ਸੋਹਣੀ ਜਿੰਦੇ! ਤੂੰ ਸਤਸੰਗੀਆਂ ਦੀ ਨਿਮਾਣੀ ਜਿਹੀ ਦਾਸੀ ਬਣੀ ਰਹੁ-ਬੱਸ! ਇਹ ਕਰਤੱਬ ਸਿੱਖ,
18431	400	ਸਗਲ ਗੁਣਾ ਗੁਣ ਊਤਮੋ ਭਰਤਾ ਦੂਰਿ ਨ ਪਿਖੁ ਰੀ॥੧॥	(ਭਰਤਾ) ਖਸਮ ਪ੍ਰਭੂ। (:ਪੋਲਾ ਬੋਲੋ ਪਿਖੁ) ਦੇਖ	Sagal Gunaa Gun Oothamo Bharathaa Dhoor N Pikh Ree ||1||	Of all virtues, the most sublime virtue is to see your Husband Lord near at hand. ||1||	ਤੇ, ਹੇ ਜਿੰਦੇ! ਉਸ ਖਸਮ-ਪ੍ਰਭੂ ਨੂੰ ਕਿਤੇ ਦੂਰ ਵੱਸਦਾ ਨਾਹ ਖ਼ਿਆਲ ਕਰ ਜੇਹੜਾ ਸਾਰੇ ਗੁਣਾਂ ਦਾ ਮਾਲਕ ਹੈ ਜੋ ਗੁਣਾਂ ਕਰਕੇ ਸਭ ਤੋਂ ਸ੍ਰੇਸ਼ਟ ਹੈ ॥੧॥
18432	400	ਇਹੁ ਮਨੁ ਸੁੰਦਰਿ ਆਪਣਾ ਹਰਿ ਨਾਮਿ ਮਜੀਠੈ ਰੰਗਿ ਰੀ॥	(ਮਜੀਠੈ) ਪੱਕਾ ਰੰਗ	Eihu Man Sundhar Aapanaa Har Naam Majeethai Rang Ree ||	So, dye this mind of yours with the color of the Lord's Love.	ਹੇ (ਮੇਰੀ) ਸੋਹਣੀ ਜਿੰਦੇ! ਤੂੰ ਆਪਣੇ ਇਸ ਮਨ ਨੂੰ ਮਜੀਠ (ਵਰਗੇ ਪੱਕੇ) ਪਰਮਾਤਮਾ ਦੇ ਨਾਮ-ਰੰਗ ਨਾਲ ਰੰਗ ਲੈ,
18433	400	ਤਿਆਗਿ ਸਿਆਣਪ ਚਾਤੁਰੀ ਤੂੰ ਜਾਣੁ ਗੁਪਾਲਹਿ ਸੰਗਿ ਰੀ॥੧॥ਰਹਾਉ॥	(ਚਾਤੁਰੀ) ਚਤੁਰਾਈ	Thiaag Siaanap Chaathuree Thoon Jaan Gupaalehi Sang Ree ||1|| Rehaao ||	Renounce cleverness and cunning, and know that the Sustainer of the world is with you. ||1||Pause||	ਆਪਣੇ ਅੰਦਰੋਂ ਸਿਆਣਪ ਤੇ ਚਤੁਰਾਈ ਛੱਡ ਕੇ (ਇਹ ਮਾਣ ਛੱਡ ਦੇ ਕਿ ਤੂੰ ਬੜੀ ਸਿਆਣੀ ਹੈਂ ਤੇ ਚਤੁਰ ਹੈਂ), ਹੇ ਜਿੰਦੇ! ਸ੍ਰਿਸ਼ਟੀ ਦੇ ਪਾਲਕ-ਪ੍ਰਭੂ ਨੂੰ ਆਪਣੇ-ਨਾਲ-ਵੱਸਦਾ ਸਮਝਦੀ ਰਹੁ ॥੧॥ ਰਹਾਉ ॥

18434	400	ਭਰਤਾ ਕਹੈ ਸੁ ਮਾਨੀਐ ਏਹੁ ਸੀਗਾਰੁ ਬਣਾਇ ਰੀ॥		Bharathaa Kehai S Maaneeai Eaehu Seegaar Banaae Ree ||	Whatever your Husband Lord says, accept that, and make it your decoration.	ਹੇ ਮੇਰੀ ਸੋਹਣੀ ਜਿੰਦੇ! ਖਸਮ-ਪ੍ਰਭੂ ਜੋ ਹੁਕਮ ਕਰਦਾ ਹੈ ਉਹ (ਮਿੱਠਾ ਕਰ ਕੇ) ਮੰਨਣਾ ਚਾਹੀਦਾ ਹੈ-ਬੱਸ! ਇਸ ਗੱਲ ਨੂੰ (ਆਪਣੇ ਜੀਵਨ ਦਾ) ਸਿੰਗਾਰ ਬਣਾਈ ਰੱਖ।
18435	400	ਦੂਜਾ ਭਾਉ ਵਿਸਾਰੀਐ ਏਹੁ ਤੰਬੋਲਾ ਖਾਇ ਰੀ॥੨॥	(ਤੰਬੋਲਾ) ਪਾਨ ਦਾ ਬੀੜਾ	Dhoojaa Bhaao Visaareeai Eaehu Thanbolaa Khaae Ree ||2||	Forget the love of duality, and chew upon this betel leaf. ||2||	ਪਰਮਾਤਮਾ ਤੋਂ ਬਿਨਾ ਹੋਰ (ਮਾਇਆ ਆਦਿਕ ਦਾ) ਪਿਆਰ ਭੁਲਾ ਦੇਣਾ ਚਾਹੀਦਾ ਹੈ-(ਇਹ ਨਿਯਮ ਆਤਮਕ ਜੀਵਨ ਵਾਸਤੇ, ਮਾਨੋ, ਪਾਨ ਦਾ ਬੀੜਾ ਹੈ) ਹੇ ਜਿੰਦੇ! ਇਹ ਪਾਨ ਖਾਇਆ ਕਰ ॥੨॥
18436	400	ਗੁਰ ਕਾ ਸਬਦੁ ਕਰਿ ਦੀਪਕੋ ਇਹ ਸਤ ਕੀ ਸੇਜ ਬਿਛਾਇ ਰੀ॥	(ਦੀਪਕੋ) ਦੀਵਾ। (ਸਤ) ਉੱਚਾ ਆਚਰਨ	Gur Kaa Sabadh Kar Dheepako Eih Sath Kee Saej Bishhaae Ree ||	Make the Word of the Guru's Shabad your lamp, and let your bed be Truth.	ਹੇ ਮੇਰੀ ਸੋਹਣੀ ਜਿੰਦੇ! ਸਤਿਗੁਰੂ ਦੇ ਸ਼ਬਦ ਨੂੰ ਦੀਵਾ ਬਣਾ (ਜੋ ਤੇਰੇ ਅੰਦਰ ਆਤਮਕ ਜੀਵਨ ਦਾ ਚਾਨਣ ਪੈਦਾ ਕਰੇ) ਤੇ ਉਸ ਆਤਮਕ ਜੀਵਨ ਦੀ (ਆਪਣੇ ਹਿਰਦੇ ਵਿਚ) ਸੇਜ ਵਿਛਾ।
18437	400	ਆਠ ਪਹਰ ਕਰਿ ਜੋੜਿ ਰਹੁ ਤਉ ਭੇਟੈ ਹਰਿ ਰਾਇ ਰੀ॥੩॥	(ਭੇਟੈ) ਮਿਲਦੇ	Aath Pehar Kar Jorr Rahu Tho Bhaettai Har Raae Ree ||3||	Twenty-four hours a day, stand with your palms pressed together, and the Lord, your King, shall meet you. ||3||	ਹੇ ਸੋਹਣੀ ਜਿੰਦੇ! (ਆਪਣੇ ਅੰਦਰ ਆਤਮੇ) ਅੱਠੇ ਪਹਰ (ਦੋਵੇਂ) ਹੱਥ ਜੋੜ ਕੇ (ਪ੍ਰਭੂ-ਚਰਨਾਂ ਵਿਚ) ਟਿਕੀ ਰਹੁ, ਤਦੋਂ ਹੀ ਪ੍ਰਭੂ-ਪਾਤਿਸ਼ਾਹ (ਆ ਕੇ) ਮਿਲਦਾ ਹੈ ॥੩॥

18438	400	ਤਿਸ ਹੀ ਚਜੁ ਸੀਗਾਰੁ ਸਭੁ ਸਾਈ ਰੂਪਿ ਅਪਾਰਿ ਰੀ॥	ਸਾਂਈਂ। ਚੱਜੁ	This Hee Chaj Seegaar Sabh Saaee Roop Apaar Ree ||	She alone is cultured and embellished, and she alone is of incomparable beauty.	ਹੇ ਮੇਰੀ ਸੋਹਣੀ ਜਿੰਦੇ! ਉਸੇ ਜੀਵ-ਇਸਤ੍ਰੀ ਦਾ ਸੁਚੱਜ ਮੰਨਿਆ ਜਾਂਦਾ ਹੈ ਉਸੇ ਜੀਵ-ਇਸਤ੍ਰੀ ਦਾ (ਆਤਮਕ) ਸਿੰਗਾਰ ਪਰਵਾਨ ਹੁੰਦਾ ਹੈ, ਉਹ ਜੀਵ-ਇਸਤ੍ਰੀ ਸੁੰਦਰ ਰੂਪ ਵਾਲੀ ਸਮਝੀ ਜਾਂਦੀ ਹੈ ਜੋ ਬੇਅੰਤ ਪਰਮਾਤਮਾ (ਦੇ ਚਰਨਾਂ) ਵਿਚ ਲੀਨ ਰਹਿੰਦੀ ਹੈ।
18439	400	ਸਾਈ ਸੋਹਾਗਣਿ ਨਾਨਕਾ ਜੋ ਭਾਣੀ ਕਰਤਾਰਿ ਰੀ॥੪॥੧੬॥੧੧੮॥	ਸਾਂਈਂ	Saaee Suohaagan Naanakaa Jo Bhaanee Karathaar Ree ||4||16||118||	She alone is the happy soul-bride, O Nanak, who is pleasing to the Creator Lord. ||4||16||118||	ਹੇ ਨਾਨਕ! (ਆਖ-) ਹੇ ਜਿੰਦੇ! ਉਹੀ ਜੀਵ-ਇਸਤ੍ਰੀ ਸੁਹਾਗ-ਭਾਗ ਵਾਲੀ ਹੈ ਜੋ (ਕਰਤਾਰ ਨੂੰ) ਪਿਆਰੀ ਲੱਗਦੀ ਹੈ ਜੋ ਕਰਤਾਰ (ਦੀ ਯਾਦ) ਵਿਚ ਲੀਨ ਰਹਿੰਦੀ ਹੈ ॥੪॥੧੬॥੧੧੮॥
18440	400	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
18441	400	ਡੀਗਨ ਡੋਲਾ ਤਊ ਲਉ ਜਉ ਮਨ ਕੇ ਭਰਮਾ॥	(ਡੀਗਨ) ਡਿੱਗਣਾ	Ddeegan Ddolaa Thoo Lo Jo Man Kae Bharamaa ||	As long as there are doubts in the mind, the mortal staggers and falls.	ਹੇ ਭਾਈ! ਵਿਕਾਰਾਂ ਵਿਚ ਡਿੱਗਣ ਤੇ ਮੋਹ ਵਿਚ ਫਸਣ ਦਾ ਸਬਬ ਤਦੋਂ ਤਕ ਬਣਿਆ ਰਹਿੰਦਾ ਹੈ ਜਦੋਂ ਤਕ ਮਨੁੱਖ ਦੇ ਮਨ ਦੀਆਂ (ਮਾਇਆ ਦੀ ਖ਼ਾਤਰ) ਦੌੜਾਂ ਭੱਜਾਂ ਟਿਕੀਆਂ ਰਹਿੰਦੀਆਂ ਹਨ।

18442	400	ਭ੍ਰਮ ਕਾਟੇ ਗੁਰਿ ਆਪਨੈ ਪਾਏ ਬਿਸਰਾਮਾ॥੧॥		Bhram Kaattae Gur Aapanai Paaeae Bisaraamaa ||1||	The Guru removed my doubts, and I have obtained my place of rest. ||1||	ਪਰ ਪਿਆਰੇ ਗੁਰੂ ਨੇ ਜਿਸ ਮਨੁੱਖ ਦੀਆਂ ਭਟਕਣਾਂ ਦੂਰ ਕਰ ਦਿੱਤੀਆਂ ਉਸ ਨੇ ਮਾਨਸਕ ਟਿਕਾਉ ਪ੍ਰਾਪਤ ਕਰ ਲਿਆ ॥੧॥
18443	400	ਓਇ ਬਿਖਾਦੀ ਦੋਖੀਆ ਤੇ ਗੁਰ ਤੇ ਹੂਟੇ॥	(ਬਿਖਾਦੀ) ਝਗੜਾਲੂ	Oue Bikhaadhee Dhokheeaa Thae Gur Thae Hoottae ||	Those quarrelsome enemies have been overcome, through the Guru.	(ਹੇ ਭਾਈ!) ਇਹ ਜਿਤਨੇ ਭੀ ਕਾਮਾਦਿਕ ਝਗੜਾਲੂ ਵੈਰੀ ਹਨ ਗੁਰੂ ਦੀ ਸਰਨ ਪਿਆਂ ਇਹ ਸਾਰੇ ਹੀ ਥੱਕ ਗਏ ਹਨ (ਸਾਨੂੰ ਦੁਖੀ ਕਰਨੋਂ ਰਹਿ ਗਏ ਹਨ)।
18444	400	ਹਮ ਛੂਟੇ ਅਬ ਉਨ੍ਹਾ ਤੇ ਓਇ ਹਮ ਤੇ ਛੂਟੇ॥੧॥ਰਹਾਉ॥		Ham Shhoottae Ab Ounhaa Thae Oue Ham Thae Shhoottae ||1|| Rehaao ||	I have now escaped from them, and they have run away from me. ||1||Pause||	ਹੁਣ ਉਹਨਾਂ ਪਾਸੋਂ ਸਾਡੀ ਖ਼ਲਾਸੀ ਹੋ ਗਈ ਹੈ, ਉਹ ਸਾਰੇ ਸਾਡਾ ਖਹਿੜਾ ਛੱਡ ਗਏ ਹਨ ॥੧॥ ਰਹਾਉ ॥
18445	400	ਮੇਰਾ ਤੇਰਾ ਜਾਨਤਾ ਤਬ ਹੀ ਤੇ ਬੰਧਾ॥	(ਬੰਧਾ) ਬੰਧਨ	Maeraa Thaeraa Jaanathaa Thab Hee Thae Bandhhaa ||	He is concerned with 'mine and yours', and so he is held in bondage.	ਜਦੋਂ ਤੋਂ ਮਨੁੱਖ ਵਿਤਕਰੇ ਕਰਦਾ ਚਲਿਆ ਆਉਂਦਾ ਹੈ ਤਦੋਂ ਤੋਂ ਹੀ ਇਸ ਨੂੰ ਮਾਇਆ ਦੇ ਮੋਹ ਦੇ ਬੰਧਨ ਪਏ ਹੋਏ ਹਨ।
18446	400	ਗੁਰਿ ਕਾਟੀ ਅਗਿਆਨਤਾ ਤਬ ਛੁਟਕੇ ਫੰਧਾ॥੨॥		Gur Kaattee Agiaanathaa Thab Shhuttakae Fandhhaa ||2||	When the Guru dispelled my ignorance, then the noose of death was cut away from my neck. ||2||	ਪਰ ਜਦੋਂ ਗੁਰੂ ਨੇ ਅਗਿਆਨਤਾ ਦੂਰ ਕਰ ਦਿੱਤੀ ਤਦੋਂ ਮੋਹ ਦੀਆਂ ਫਾਹੀਆਂ ਤੋਂ ਖ਼ਲਾਸੀ ਹੋ ਗਈ ॥੨॥

18447	400	ਜਬ ਲਗੁ ਹੁਕਮੁ ਨ ਬੂਝਤਾ ਤਬ ਹੀ ਲਉ ਦੁਖੀਆ॥		Jab Lag Hukam N Boojhathaa Thab Hee Lo Dhukheeaa ||	As long as he does not understand the Command of God's Will, he remains miserable.	ਹੇ ਭਾਈ! ਜਦ ਤਕ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ ਨਹੀਂ ਸਮਝਦਾ ਉਤਨਾ ਚਿਰ ਤਕ ਹੀ ਦੁਖੀ ਰਹਿੰਦਾ ਹੈ।
18448	400	ਗੁਰ ਮਿਲਿ ਹੁਕਮੁ ਪਛਾਣਿਆ ਤਬ ਹੀ ਤੇ ਸੁਖੀਆ॥੩॥		Gur Mil Hukam Pashhaaniaa Thab Hee Thae Sukheeaa ||3||	Meeting with the Guru, he comes to recognize God's Will, and then, he becomes happy. ||3||	ਪਰ ਜਿਸ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਰਜ਼ਾ ਨੂੰ ਸਮਝ ਲਿਆ ਉਹ ਉਸੇ ਵੇਲੇ ਤੋਂ ਸੁਖੀ ਹੋ ਗਿਆ ॥੩॥
18449	400	ਨਾ ਕੋ ਦੁਸਮਨੁ ਦੋਖੀਆ ਨਾਹੀ ਕੋ ਮੰਦਾ॥		Naa Ko Dhusaman Dhokheeaa Naahee Ko Mandhaa ||	I have no enemies and no adversaries; no one is wicked to me.	ਉਸ ਮਨੁੱਖ ਨੂੰ ਕੋਈ ਆਪਣਾ ਦੁਸ਼ਮਨ ਨਹੀਂ ਦਿੱਸਦਾ, ਕੋਈ ਵੈਰੀ ਨਹੀਂ ਜਾਪਦਾ, ਕੋਈ ਉਸ ਨੂੰ ਭੈੜਾ ਨਹੀਂ ਲੱਗਦਾ,
18450	400	ਗੁਰ ਕੀ ਸੇਵਾ ਸੇਵਕੋ ਨਾਨਕ ਖਸਮੈ ਬੰਦਾ॥੪॥੧੭॥੧੧੯॥		Gur Kee Saevaa Saevako Naanak Khasamai Bandhaa ||4||17||119||	That servant, who performs the Lord's service, O Nanak, is the slave of the Lord Master. ||4||17||119||	ਹੇ ਨਾਨਕ! ਜੇਹੜਾ ਮਨੁੱਖ ਗੁਰੂ ਦੀ ਦੱਸੀ ਸੇਵਾ ਕਰ ਕੇ ਪਰਮਾਤਮਾ ਦਾ ਸੇਵਕ ਬਣ ਜਾਂਦਾ ਹੈ, ਖਸਮ-ਪ੍ਰਭੂ ਦਾ ਗ਼ੁਲਾਮ ਬਣ ਜਾਂਦਾ ਹੈ ॥੪॥੧੭॥੧੧੯॥
18451	400	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

18452	400	ਸੂਖ ਸਹਜ ਆਨਦੁ ਘਣਾ ਹਰਿ ਕੀਰਤਨੁ ਗਾਉ॥		Sookh Sehaj Aanadh Ghanaa Har Keerathan Gaao ||	Peace, celestial poise and absolute bliss are obtained, singing the Kirtan of the Lord's Praises.	(ਹੇ ਭਾਈ!) ਮੈਂ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦਾ ਰਹਿੰਦਾ ਹਾਂ ਤੇ (ਮੇਰੇ ਅੰਦਰ) ਆਤਮਕ ਅਡੋਲਤਾ ਦਾ ਵੱਡਾ ਸੁਖ-ਆਨੰਦ ਬਣਿਆ ਰਹਿੰਦਾ ਹੈ।
18453	400	ਗਰਹ ਨਿਵਾਰੇ ਸਤਿਗੁਰੂ ਦੇ ਅਪਣਾ ਨਾਉ॥੧॥	(ਗਰਹ) ਪਕੜ, ਫਸੌਤੀ। (ਨਿਵਾਰੇ) ਦੂਰ ਕੀਤੇ	Gareh Nivaarae Sathiguroo Dhae Apanaa Naao ||1||	Bestowing His Name, the True Guru removes the evil omens. ||1||	ਗੁਰੂ ਨੇ ਮੈਨੂੰ ਉਹ ਹਰਿ-ਨਾਮ ਦੇ ਕੇ ਜੇਹੜਾ ਨਾਮ ਉਹ ਆਪ ਜਪਦਾ ਹੈ, ਮੇਰੇ ਉਤੋਂ (ਮਾਨੋ) ਨੌ ਹੀ ਗ੍ਰਹਿਆਂ ਦੀਆਂ ਮੁਸੀਬਤਾਂ ਦੂਰ ਕਰ ਦਿੱਤੀਆਂ ਹਨ ॥੧॥
18454	400	ਬਲਿਹਾਰੀ ਗੁਰ ਆਪਣੇ ਸਦ ਸਦ ਬਲਿ ਜਾਉ॥		Balihaaree Gur Aapanae Sadh Sadh Bal Jaao ||	I am a sacrifice to my Guru; forever and ever, I am a sacrifice to Him.	(ਹੇ ਭਾਈ!) ਮੈਂ ਆਪਣੇ ਗੁਰੂ ਤੋਂ ਕੁਰਬਾਨ ਜਾਂਦਾ ਹਾਂ, ਸਦਾ ਹੀ ਸਦਕੇ ਜਾਂਦਾ ਹਾਂ, ਮੈਂ ਗੁਰੂ ਤੋਂ ਵਾਰਨੇ ਜਾਂਦਾ ਹਾਂ,
18455	401	ਗੁਰੂ ਵਿਟਹੁ ਹਉ ਵਾਰਿਆ ਜਿਸੁ ਮਿਲਿ ਸਚੁ ਸੁਆਉ॥੧॥ਰਹਾਉ॥	(ਸੁਆਉ) ਲਾਭ	Guroo Vittahu Ho Vaariaa Jis Mil Sach Suaao ||1|| Rehaao ||	I am a sacrifice to the Guru; meeting Him, I am absorbed into the True Lord. ||1||Pause||	ਕਿਉਂਕਿ ਉਸ (ਗੁਰੂ) ਨੂੰ ਮਿਲ ਕੇ ਹੀ ਮੈਂ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨਾ (ਆਪਣੀ ਜ਼ਿੰਦਗੀ ਦਾ) ਮਨੋਰਥ ਬਣਾਇਆ ਹੈ ॥੧॥ ਰਹਾਉ ॥

18456	401	ਸਗੁਨ ਅਪਸਗੁਨ ਤਿਸ ਕਉ ਲਗਹਿ ਜਿਸੁ ਚੀਤਿ ਨ ਆਵੈ॥	ਅਪ-ਸਗੁਨ	Sagun Apasagun This Ko Lagehi Jis Cheeth N Aavai ||	Good omens and bad omens affect those who do not keep the Lord in the mind.	(ਹੇ ਭਾਈ! ਮੇਰੇ ਅੰਦਰ ਚੰਗੇ ਮੰਦੇ ਸਗਨਾਂ ਦਾ ਸਹਮ ਭੀ ਨਹੀਂ ਰਹਿ ਗਿਆ) ਚੰਗੇ ਮੰਦੇ ਸਗਨਾਂ ਦੇ ਸਹਮ ਉਸ ਮਨੁੱਖ ਨੂੰ ਚੰਬੜਦੇ ਹਨ ਜਿਸ ਦੇ ਚਿੱਤ ਵਿਚ ਪਰਮਾਤਮਾ ਨਹੀਂ ਵੱਸਦਾ।
18457	401	ਤਿਸੁ ਜਮੁ ਨੇੜਿ ਨ ਆਵਈ ਜੋ ਹਰਿ ਪ੍ਰਭਿ ਭਾਵੈ॥੨॥		This Jam Naerr N Aavee Jo Har Prabh Bhaavai ||2||	The Messenger of Death does not approach those who are pleasing to the Lord God. ||2||	ਪਰ ਜੇਹੜਾ ਮਨੁੱਖ ਪ੍ਰਭੂ (ਦੀ ਯਾਦ) ਵਿਚ (ਜੁੜ ਕੇ) ਹਰਿ-ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ ਜਮ-ਦੂਤ ਭੀ ਉਸ ਦੇ ਨੇੜੇ ਨਹੀਂ ਢੁਕਦਾ ॥੨॥
18458	401	ਪੁੰਨ ਦਾਨ ਜਪ ਤਪ ਜੇਤੇ ਸਭ ਊਪਰਿ ਨਾਮੁ॥		Punn Dhaan Jap Thap Jaethae Sabh Oopar Naam ||	Donations to charity, meditation and penance - above all of them is the Naam.	(ਹੇ ਭਾਈ! ਮਿਥੇ ਹੋਏ) ਨੇਕ ਕਰਮ, ਦਾਨ, ਜਪ ਤੇ ਤਪ-ਇਹ ਜਿਤਨੇ ਭੀ ਹਨ ਪਰਮਾਤਮਾ ਦਾ ਨਾਮ ਜਪਣਾ ਇਹਨਾਂ ਸਭਨਾਂ ਤੋਂ ਸ੍ਰੇਸ਼ਟ ਕਰਮ ਹੈ।
18459	401	ਹਰਿ ਹਰਿ ਰਸਨਾ ਜੋ ਜਪੈ ਤਿਸੁ ਪੂਰਨ ਕਾਮੁ॥੩॥		Har Har Rasanaa Jo Japai This Pooran Kaam ||3||	One who chants with his tongue the Name of the Lord, Har, Har - his works are brought to perfect completion. ||3||	ਜੇਹੜਾ ਮਨੁੱਖ ਆਪਣੀ ਜੀਭ ਨਾਲ ਪਰਮਾਤਮਾ ਦਾ ਨਾਮ ਜਪਦਾ ਹੈ ਉਸ ਦਾ ਜੀਵਨ-ਮਨੋਰਥ ਸਫਲ ਹੋ ਜਾਂਦਾ ਹੈ ॥੩॥

18460	401	ਭੈ ਬਿਨਸੇ ਭ੍ਰਮ ਮੋਹ ਗਏ ਕੋ ਦਿਸੈ ਨ ਬੀਆ॥	(ਬੀਆ) ਦੂਜਾ	Bhai Binasae Bhram Moh Geae Ko Dhisai N Beeaa ||	His fears are removed, and his doubts and attachments are gone; he sees none other than God.	ਉਹਨਾਂ ਮਨੁੱਖਾਂ ਦੇ ਸਾਰੇ ਡਰ ਨਾਸ ਹੋ ਜਾਂਦੇ ਹਨ ਉਹਨਾਂ ਦੇ ਮੋਹ ਤੇ ਭਰਮ ਮੁੱਕ ਜਾਂਦੇ ਹਨ, ਉਹਨਾਂ ਨੂੰ ਕੋਈ ਮਨੁੱਖ ਬਿਗਾਨਾ ਨਹੀਂ ਦਿੱਸਦਾ,
18461	401	ਨਾਨਕ ਰਾਖੇ ਪਾਰਬ੍ਰਹਮਿ ਫਿਰਿ ਦੂਖੁ ਨ ਥੀਆ॥੪॥੧੮॥੧੨੦॥	(ਥੀਆ) ਹੋਇਆ	Naanak Raakhae Paarabreham Fir Dhookh N Thheeaa ||4||18||120||	O Nanak, the Supreme Lord God preserves him, and no pain or sorrow afflicts him any longer. ||4||18||120||	ਹੇ ਨਾਨਕ! ਜਿਨ੍ਹਾਂ ਦੀ ਰੱਖਿਆ ਪਰਮਾਤਮਾ ਨੇ ਆਪ ਕੀਤੀ ਹੈ ਉਹਨਾਂ ਨੂੰ ਮੁੜ ਕੋਈ ਦੁੱਖ ਨਹੀਂ ਵਿਆਪਦਾ, ॥੪॥੧੮॥੧੨੦॥
18462	401	ਆਸਾ ਘਰੁ ੯ ਮਹਲਾ ੫		Aasaa Ghar 9 Mehalaa 5	Aasaa, Ninth House, Fifth Mehl:	ਰਾਗ ਆਸਾ, ਘਰ ੯ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18463	401	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
18464	401	ਚਿਤਵਉ ਚਿਤਵਿ ਸਰਬ ਸੁਖ ਪਾਵਉ ਆਗੈ ਭਾਵਉ ਕਿ ਨ ਭਾਵਉ॥		Chithavo Chithav Sarab Sukh Paavo Aagai Bhaavo K N Bhaavo ||	Contemplating Him within my consciousness, I obtain total peace; but hereafter, will I be pleasing to Him or not?	ਮੈਂ (ਸਦਾ) ਚਾਹੁੰਦਾ (ਤਾਂ ਇਹ) ਹਾਂ ਕਿ ਪਰਮਾਤਮਾ ਦਾ ਸਿਮਰਨ ਕਰ ਕੇ (ਉਸ ਪਾਸੋਂ) ਮੈਂ ਸਾਰੇ ਸੁਖ ਹਾਸਲ ਕਰਾਂ (ਪਰ ਮੈਨੂੰ ਇਹ ਪਤਾ ਨਹੀਂ ਹੈ ਕਿ ਇਹ ਤਾਂਘ ਕਰ ਕੇ) ਮੈਂ ਪ੍ਰਭੂ ਦੀ ਹਜ਼ੂਰੀ ਵਿਚ ਚੰਗਾ ਲੱਗ ਰਿਹਾ ਜਾਂ ਨਹੀਂ।

18465	401	ਏਕੁ ਦਾਤਾਰੁ ਸਗਲ ਹੈ ਜਾਚਿਕ ਦੂਸਰ ਕੈ ਪਹਿ ਜਾਵਉ॥੧॥		Eaek Dhaathaar Sagal Hai Jaachik Dhoosar Kai Pehi Jaavo ||1||	There is only One Giver; all others are beggars. Who else can we turn to? ||1||	(ਕੋਈ ਸੁਖ ਆਦਿਕ ਮੰਗਣ ਵਾਸਤੇ) ਮੈਂ ਕਿਸੇ ਹੋਰ ਪਾਸ ਜਾ ਭੀ ਨਹੀਂ ਸਕਦਾ, ਕਿਉਂਕਿ ਦਾਤਾਂ ਦੇਣ ਵਾਲਾ ਸਿਰਫ਼ ਇਕ ਪਰਮਾਤਮਾ ਹੈ ਤੇ ਸ੍ਰਿਸ਼ਟੀ (ਉਸ ਦੇ ਦਰ ਤੋਂ) ਮੰਗਣ ਵਾਲੀ ਹੈ ॥੧॥
18466	401	ਹਉ ਮਾਗਉ ਆਨ ਲਜਾਵਉ॥	(ਲੱਜਾਵਉ) ਸ਼ਰਮਾਉਂਦਾ	Ho Maago Aan Lajaavo ||	When I beg from others, I am ashamed.	ਜਦੋਂ ਮੈਂ (ਪਰਮਾਤਮਾ ਤੋਂ ਬਿਨਾ) ਕਿਸੇ ਹੋਰ ਪਾਸੋਂ ਮੰਗਦਾ ਹਾਂ ਤਾਂ ਸ਼ਰਮਾਂਦਾ ਹਾਂ,
18467	401	ਸਗਲ ਛਤ੍ਰਪਤਿ ਏਕੋ ਠਾਕੁਰੁ ਕਉਨੁ ਸਮਸਰਿ ਲਾਵਉ॥੧॥ਰਹਾਉ॥	(ਛਤ੍ਰ-ਪਤਿ) ਰਾਜਾ। (ਸਮਸਰਿ) ਬਰਾਬਰ	Sagal Shhathrapath Eaeko Thaakur Koun Samasar Laavo ||1|| Rehaao ||	The One Lord Master is the Supreme King of all; who else is equal to Him? ||1||Pause||	(ਕਿਉਂਕਿ) ਇਕ ਮਾਲਕ-ਪ੍ਰਭੂ ਹੀ ਸਭ ਜੀਵਾਂ ਦਾ ਰਾਜਾ ਹੈ, ਮੈਂ ਕਿਸੇ ਹੋਰ ਨੂੰ ਉਸ ਦੇ ਬਰਾਬਰ ਦਾ ਖ਼ਿਆਲ ਨਹੀਂ ਕਰ ਸਕਦਾ ॥੧॥ ਰਹਾਉ ॥
18468	401	ਊਠਉ ਬੈਸਉ ਰਹਿ ਭਿ ਨ ਸਾਕਉ ਦਰਸਨੁ ਖੋਜਿ ਖੋਜਾਵਉ॥		Ootho Baiso Rehi Bh N Saako Dharasan Khoj Khojaavo ||	Standing up and sitting down, I cannot live without Him. I search and search for the Blessed Vision of His Darshan.	(ਪਰਮਾਤਮਾ ਦਾ ਦਰਸ਼ਨ ਕਰਨ ਲਈ) ਮੈਂ ਉੱਠਦਾ ਹਾਂ (ਹੰਭਲਾ ਮਾਰਦਾ ਹਾਂ, ਫਿਰ) ਬਹਿ ਜਾਂਦਾ ਹਾਂ, (ਪਰ ਦਰਸ਼ਨ ਕਰਨ ਤੋਂ ਬਿਨਾ) ਰਹਿ ਭੀ ਨਹੀਂ ਸਕਦਾ, ਮੁੜ ਖੋਜ ਖੋਜ ਕੇ ਦਰਸ਼ਨ ਭਾਲਦਾ ਹਾਂ।

18469	401	ਬ੍ਰਹਮਾਦਿਕ ਸਨਕਾਦਿਕ ਸਨਕ ਸਨੰਦਨ ਸਨਾਤਨ ਸਨਤਕੁਮਾਰ ਤਿਨ੍ਹ ਕਉ ਮਹਲੁ ਦੁਲਭਾਵਉ॥੨॥	(ਦੁ-ਲੱਭਾਵਉ) ਦੁਰਲੱਭ	Brehamaadhik Sanakaadhik Sanak Sanandhan Sanaathan Sanathakumaar Thinh Ko Mehal Dhulabhaavo ||2||	Even Brahma and the sages Sanak, Sanandan, Sanaatan and Sanat Kumar, find it difficult to obtain the Mansion of the Lord's Presence. ||2||	(ਮੈਂ ਕਿਸ ਦਾ ਵਿਚਾਰਾ ਹਾਂ?) ਪਰਮਾਤਮਾ ਦਾ ਟਿਕਾਣਾ ਤਾਂ ਉਹਨਾਂ ਵਾਸਤੇ ਭੀ ਦੁਰਲੱਭ ਹੀ ਰਿਹਾ ਜੋ ਬ੍ਰਹਮਾ ਵਰਗੇ (ਵੱਡੇ ਵੱਡੇ ਦੇਵਤਾ ਮੰਨੇ ਗਏ) ਜੋ ਸਨਕ ਵਰਗੇ-ਸਨਕ, ਸਨੰਦਨ, ਸਨਾਤਨ, ਸਨਤ ਕੁਮਾਰ (ਬ੍ਰਹਮਾ ਦੇ ਪੁੱਤਰ ਅਖਵਾਏ) ॥੨॥
18470	401	ਅਗਮ ਅਗਮ ਆਗਾਧਿ ਬੋਧ ਕੀਮਤਿ ਪਰੈ ਨ ਪਾਵਉ॥		Agam Agam Aagaadhh Bodhh Keemath Parai N Paavo ||	He is unapproachable and unfathomable; His wisdom is deep and profound; His value cannot be appraised.	ਪਰਮਾਤਮਾ ਅਪਹੁੰਚ ਹੈ, ਜੀਵਾਂ ਦੀ ਪਹੁੰਚ ਤੋਂ ਪਰੇ ਹੈ, ਉਹ ਇਕ ਅਥਾਹ ਸਮੁੰਦਰ ਹੈ ਜਿਸ ਦੀ ਡੂੰਘਾਈ ਦੀ ਸੂਝ ਨਹੀਂ ਪੈ ਸਕਦੀ, ਉਸ ਦੀ ਕੀਮਤ ਨਹੀਂ ਪੈ ਸਕਦੀ, ਮੈਂ ਉਸ ਦਾ ਮੁੱਲ ਨਹੀਂ ਪਾ ਸਕਦਾ।
18471	401	ਤਾਕੀ ਸਰਣਿ ਸਤਿ ਪੁਰਖ ਕੀ ਸਤਿਗੁਰੁ ਪੁਰਖੁ ਧਿਆਵਉ॥੩॥	ਤੱਾਕੀ	Thaakee Saran Sath Purakh Kee Sathigur Purakh Dhhiaavo ||3||	I have taken to the Sanctuary of the True Lord, the Primal Being, and I meditate on the True Guru. ||3||	(ਉਸ ਦੇ ਦਰਸ਼ਨ ਦੀ ਖ਼ਾਤਰ) ਮੈਂ ਗੁਰੂ ਮਹਾਪੁਰਖ ਦੀ ਸਰਨ ਤੱਕੀ ਹੈ, ਮੈਂ ਸਤਿਗੁਰੂ ਦਾ ਆਰਾਧਨ ਕਰਦਾ ਹਾਂ ॥੩॥

18472	401	ਭਇਓ ਕ੍ਰਿਪਾਲੁ ਦਇਆਲੁ ਪ੍ਰਭੁ ਠਾਕੁਰੁ ਕਾਟਿਓ ਬੰਧੁ ਗਰਾਵਉ॥	(ਬੰਧੁ)ਫਾਹਾ। (ਗਰਾਵਉ) ਗਲ਼ੇ ਤੋਂ	Bhaeiou Kirapaal Dhaeiaal Prabh Thaakur Kaattiou Bandhh Garaavo ||	God, the Lord Master, has become kind and compassionate; He has cut the noose of death away from my neck.	ਜਿਸ ਮਨੁੱਖ ਉਤੇ ਠਾਕੁਰ-ਪ੍ਰਭੂ ਦਇਆਵਾਨ ਹੁੰਦਾ ਹੈ ਉਸ ਦੇ ਗਲੋਂ (ਮਾਇਆ ਦੇ ਮੋਹ ਦੀ) ਫਾਹੀ ਕੱਟ ਦੇਂਦਾ ਹੈ।
18473	401	ਕਹੁ ਨਾਨਕ ਜਉ ਸਾਧਸੰਗੁ ਪਾਇਓ ਤਉ ਫਿਰਿ ਜਨਮਿ ਨ ਆਵਉ॥੪॥੧॥੧੨੧॥		Kahu Naanak Jo Saadhhasang Paaeiou Tho Fir Janam N Aavo ||4||1||121||	Says Nanak, now that I have obtained the Saadh Sangat, the Company of the Holy, I shall not have to be reincarnated again. ||4||1||121||	ਨਾਨਕ ਆਖਦਾ ਹੈ- ਜੇ ਮੈਨੂੰ ਸਾਧ ਸੰਗਤਿ ਪ੍ਰਾਪਤ ਹੋ ਜਾਏ, ਤਦੋਂ ਹੀ ਮੈਂ ਮੁੜ ਮੁੜ ਜਨਮ ਵਿਚ ਨਹੀਂ ਆਵਾਂਗਾ (ਜਨਮਾਂ ਦੇ ਗੇੜ ਤੋਂ ਬਚ ਸਕਾਂਗਾ) ॥੪॥੧॥੧੨੧॥
18474	401	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18475	401	ਅੰਤਰਿ ਗਾਵਉ ਬਾਹਰਿ ਗਾਵਉ ਗਾਵਉ ਜਾਗਿ ਸਵਾਰੀ॥	(ਸਵਾਰੀ) ਸੌਂਦੇ	Anthar Gaavo Baahar Gaavo Gaavo Jaag Savaaree ||	Inwardly, I sing His Praises, and outwardly, I sing His Praises; I sing His Praises while awake and asleep.	ਹੁਣ ਮੈਂ ਆਪਣੇ ਹਿਰਦੇ ਵਿਚ ਪਰਮਾਤਮਾ ਦੇ ਗੁਣ ਗਾਂਦਾ ਹਾਂ, ਬਾਹਰ ਦੁਨੀਆ ਨਾਲ ਵਰਤਨ-ਵਿਹਾਰ ਕਰਦਾ ਭੀ ਪਰਮਾਤਮਾ ਦੀ ਸਿਫ਼ਤ-ਸਾਲਾਹ ਚੇਤੇ ਰੱਖਦਾ ਹਾਂ, ਸੌਣ ਵੇਲੇ ਭੀ ਤੇ ਜਾਗ ਕੇ ਭੀ ਮੈਂ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹਾਂ।੧।

18476	401	ਸੰਗਿ ਚਲਨ ਕਉ ਤੋਸਾ ਦੀਨ੍ਹਾ ਗੋਬਿੰਦ ਨਾਮ ਕੇ ਬਿਉਹਾਰੀ॥੧॥	(ਤੋਸਾ) ਰਾਹ ਦਾ ਖਰਚ। (ਬਿਉਹਾਰੀ) ਵਪਾਰੀ	Sang Chalan Ko Thosaa Dheenhaa Gobindh Naam Kae Biouhaaree ||1||	I am a trader in the Name of the Lord of the Universe; He has given it to me as my supplies, to carry with me. ||1||	ਪਰਮਾਤਮਾ ਦੇ ਨਾਮ ਦੇ ਵਣਜਾਰੇ ਸਤਸੰਗੀਆਂ ਨੇ ਮੇਰੇ ਨਾਲ ਸਾਥ ਕਰਨ ਵਾਸਤੇ ਮੈਨੂੰ (ਪਰਮਾਤਮਾ ਦਾ ਨਾਮ) ਸਫ਼ਰ-ਖ਼ਰਚ (ਵਜੋਂ) ਦਿੱਤਾ ਹੈ ॥੧॥
18477	401	ਅਵਰ ਬਿਸਾਰੀ ਬਿਸਾਰੀ॥	(ਬਿਸਾਰੀ) ਭੁਲਾ ਦਿੱਤੀ	Avar Bisaaree Bisaaree ||	I have forgotten and forsaken other things.	(ਪਰਮਾਤਮਾ ਤੋਂ ਬਿਨਾ) ਕੋਈ ਹੋਰ ਓਟ ਮੈਂ ਉੱਕਾ ਹੀ ਭੁਲਾ ਦਿੱਤੀ ਹੈ।
18478	401	ਨਾਮ ਦਾਨੁ ਗੁਰਿ ਪੂਰੈ ਦੀਓ ਮੈ ਏਹੋ ਆਧਾਰੀ॥੧॥ਰਹਾਉ ॥		Naam Dhaan Gur Poorai Dheeou Mai Eaeho Aadhhaaree ||1|| Rehaao ||	The Perfect Guru has given me the Gift of the Naam; this alone is my Support. ||1||Pause||	ਪੂਰੇ ਗੁਰੂ ਨੇ ਮੈਨੂੰ ਪਰਮਾਤਮਾ ਦੇ ਨਾਮ (ਦੀ) ਦਾਤ ਦਿੱਤੀ ਹੈ, ਮੈਂ ਇਸੇ ਨੂੰ (ਆਪਣੀ ਜ਼ਿੰਦਗੀ ਦਾ) ਆਸਰਾ ਬਣਾ ਲਿਆ ਹੈ ॥੧॥ ਰਹਾਉ ॥
18479	401	ਦੂਖਨਿ ਗਾਵਉ ਸੁਖਿ ਭੀ ਗਾਵਉ ਮਾਰਗਿ ਪੰਥਿ ਸਮ੍ਹਾਰੀ॥		Dhookhan Gaavo Sukh Bhee Gaavo Maarag Panthh Samhaaree ||	I sing His Praises while suffering, and I sing His Praises while I am at peace as well. I contemplate Him while I walk along the Path.	ਹੁਣ ਮੈਂ ਦੁੱਖਾਂ ਵਿਚ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹਾਂ, ਸੁਖ ਵਿਚ ਭੀ ਗਾਂਦਾ ਹਾਂ, ਰਸਤੇ ਤੁਰਦਾ ਭੀ (ਪਰਮਾਤਮਾ ਦੀ ਯਾਦ ਨੂੰ ਆਪਣੇ ਹਿਰਦੇ ਵਿਚ) ਸੰਭਾਲੀ ਰੱਖਦਾ ਹਾਂ।੨।
18480	401	ਨਾਮ ਦ੍ਰਿੜੁ ਗੁਰਿ ਮਨ ਮਹਿ ਦੀਆ ਮੋਰੀ ਤਿਸਾ ਬੁਝਾਰੀ॥੨॥	ਬੁਝਾਰੀ: ਪੋਲਾ ਬੋਲੋ	Naam Dhrirr Gur Man Mehi Dheeaa Moree Thisaa Bujhaaree ||2||	The Guru has implanted the Naam within my mind, and my thirst has been quenched. ||2||	ਗੁਰੂ ਨੇ ਮੇਰੇ ਮਨ ਵਿਚ ਪ੍ਰਭੂ-ਨਾਮ ਦੀ ਦ੍ਰਿੜ੍ਹਤਾ ਕਰ ਦਿੱਤੀ ਹੈ (ਉਸ ਨਾਮ ਨੇ) ਮੇਰੀ ਤ੍ਰਿਸ਼ਨਾ ਮਿਟਾ ਦਿੱਤੀ ਹੈ ॥੨॥

18481	401	ਦਿਨੁ ਭੀ ਗਾਵਉ ਰੈਨੀ ਗਾਵਉ ਗਾਵਉ ਸਾਸਿ ਸਾਸਿ ਰਸਨਾਰੀ॥	(ਰਸਨਾਰੀ) ਰਸਨਾ ਨਾਲ	Dhin Bhee Gaavo Rainee Gaavo Gaavo Saas Saas Rasanaaree ||	I sing His Praises during the day, and I sing His Praises during the night; I sing them with each and every breath.	ਹੁਣ ਮੈਂ ਦਿਨ ਵੇਲੇ ਭੀ ਤੇ ਰਾਤ ਨੂੰ ਭੀ, ਤੇ ਹਰੇਕ ਸੁਆਸ ਦੇ ਨਾਲ ਭੀ ਆਪਣੀ ਜੀਭ ਨਾਲ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹਾਂ,
18482	401	ਸਤਸੰਗਤਿ ਮਹਿ ਬਿਸਾਸੁ ਹੋਇ ਹਰਿ ਜੀਵਤ ਮਰਤ ਸੰਗਾਰੀ॥੩॥	(ਸੰਗਾਰੀ) ਸਾਥ	Sathasangath Mehi Bisaas Hoe Har Jeevath Marath Sangaaree ||3||	In the Sat Sangat, the True Congregation, this faith is established, that the Lord is with us, in life and in death. ||3||	(ਇਹ ਸਾਰੀ ਬਰਕਤਿ ਸਾਧ ਸੰਗਤਿ ਦੀ ਹੈ) ਸਾਧ ਸੰਗਤਿ ਵਿਚ ਟਿਕਿਆਂ ਇਹ ਨਿਸ਼ਚਾ ਬਣ ਜਾਂਦਾ ਹੈ ਕਿ ਪਰਮਾਤਮਾ ਜਿਉਂਦਿਆਂ ਮਰਦਿਆਂ ਹਰ ਵੇਲੇ ਸਾਡੇ ਨਾਲ ਰਹਿੰਦਾ ਹੈ ॥੩॥
18483	401	ਜਨ ਨਾਨਕ ਕਉ ਇਹੁ ਦਾਨੁ ਦੇਹੁ ਪ੍ਰਭ ਪਾਵਉ ਸੰਤ ਰੇਨ ਉਰਿ ਧਾਰੀ॥	(ਰੇਨ) ਚਰਨ ਧੂੜ। (ਉਰਿ) ਹਿਰਦੇ ਚ	Jan Naanak Ko Eihu Dhaan Dhaehu Prabh Paavo Santh Raen Our Dhhaaree ||	Bless servant Nanak with this gift, O God, that he may obtain, and enshrine in his heart, the dust of the feet of the Saints.	ਹੇ ਪ੍ਰਭੂ! ਆਪਣੇ ਦਾਸ ਨਾਨਕ ਨੂੰ ਇਹ ਦਾਨ ਦਿਉ ਕਿ ਮੈਂ ਤੇਰੇ ਸੰਤ ਜਨਾਂ ਦੀ ਚਰਨ-ਧੂੜ ਪ੍ਰਾਪਤ ਕਰਾਂ।
18484	401	ਸ੍ਰਵਨੀ ਕਥਾ ਨੈਨ ਦਰਸੁ ਪੇਖਉ ਮਸਤਕੁ ਗੁਰ ਚਰਨਾਰੀ॥੪॥੨॥੧੨੨॥		Sravanee Kathhaa Nain Dharas Paekho Masathak Gur Charanaaree ||4||2||122||	Hear the Lord's Sermon with your ears, and behold the Blessed Vision of His Darshan with your eyes; place your forehead upon the Guru's Feet. ||4||2||122||	ਤੇਰੀ ਯਾਦ ਨੂੰ ਆਪਣੇ ਹਿਰਦੇ ਵਿਚ ਟਿਕਾਈ ਰੱਖਾਂ, ਤੇਰੀ ਸਿਫ਼ਤ-ਸਾਲਾਹ ਆਪਣੇ ਕੰਨਾਂ ਨਾਲ ਸੁਣਦਾ ਰਹਾਂ, ਤੇਰਾ ਦਰਸ਼ਨ ਆਪਣੀਆਂ ਅੱਖਾਂ ਨਾਲ ਕਰਦਾ ਰਹਾਂ, ਤੇ ਆਪਣਾ ਮੱਥਾ ਗੁਰੂ ਦੇ ਚਰਨਾਂ ਉਤੇ ਰੱਖੀ ਰੱਖਾਂ ॥੪॥੨॥੧੨੨॥

18485	401	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru: Aasaa, Tenth House, Fifth Mehl:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
18486	401	ਆਸਾ ਘਰੁ ੧੦ ਮਹਲਾ ੫॥		Aasaa Ghar 10 Mehalaa 5 ||	One Universal Creator God. By The Grace Of The True Guru: Aasaa, Tenth House, Fifth Mehl:	ਰਾਗ ਆਸਾ, ਘਰ ੧੦ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18487	401	ਜਿਸ ਨੋ ਤੂੰ ਅਸਥਿਰੁ ਕਰਿ ਮਾਨਹਿ ਤੇ ਪਾਹੁਨ ਦੋ ਦਾਹਾ॥	(ਪਾਹੁਨ)ਪਰਾਹੁਣਾ। (ਦਾਹਾ)ਦਿਨ	Jis No Thoon Asathhir Kar Maanehi Thae Paahun Dho Dhaahaa ||	That which you believe to be permanent, is a guest here for only a few days.	ਹੇ ਮਨ! ਜਿਸ ਪੁੱਤਰ ਨੂੰ ਜਿਸ ਇਸਤ੍ਰੀ ਨੂੰ ਜਿਸ ਘਰੋਗੇ ਸਾਮਾਨ ਨੂੰ ਤੂੰ ਸਦਾ ਕਾਇਮ ਰਹਿਣ ਵਾਲਾ ਮੰਨੀ ਬੈਠਾ ਹੈਂ, ਇਹ ਸਾਰੇ ਤਾਂ ਦੋ ਦਿਨਾਂ ਦੇ ਪ੍ਰਾਹੁਣੇ ਹਨ।
18488	402	ਪੁਤ੍ਰ ਕਲਤ੍ਰ ਗ੍ਰਿਹ ਸਗਲ ਸਮਗ੍ਰੀ ਸਭ ਮਿਥਿਆ ਅਸਨਾਹਾ॥੧॥	(ਅਸਨਾਹਾ)ਮੋਹ। (ਕ-ਲੱਤ੍ਰ) ਇਸਤ੍ਰੀ। (ਮਿਥਿਆ) ਝੂਠਾ। (ਅਸਨਾਹਾ) ਪਿਆਰ। ਸਮੱਗ੍ਰੀ	Puthr Kalathr Grih Sagal Samagree Sabh Mithhiaa Asanaahaa ||1||	Children, wives, homes, and all possessions - attachment to all of these is false. ||1||	ਪੁੱਤਰ, ਇਸਤ੍ਰੀ, ਘਰ ਦਾ ਸਾਰਾ ਸਾਮਾਨ-ਇਹਨਾਂ ਨਾਲ ਮੋਹ ਸਾਰਾ ਝੂਠਾ ਹੈ ॥੧॥
18489	402	ਰੇ ਮਨ ਕਿਆ ਕਰਹਿ ਹੈ ਹਾਹਾ॥	(ਹਾ-ਹਾ) ਹੱਸਣਾ	Rae Man Kiaa Karehi Hai Haa Haa ||	O mind, why do you burst out laughing?	ਹੇ ਮੇਰੇ ਮਨ! (ਮਾਇਆ ਦਾ ਪਸਾਰਾ ਵੇਖ ਕੇ ਕੀਹ ਖ਼ੁਸ਼ੀਆਂ ਮਨਾ ਰਿਹਾ ਹੈਂ ਤੇ) ਕੀਹ ਆਹਾ ਆਹਾ ਕਰਦਾ ਹੈਂ? ਧਿਆਨ ਨਾਲ ਵੇਖ, ਇਹ ਸਾਰਾ ਪਸਾਰਾ ਧੂੰਏਂ ਦੇ ਪਹਾੜ ਵਾਂਗ ਹੈ।

18490	402	ਦ੍ਰਿਸਟਿ ਦੇਖੁ ਜੈਸੇ ਹਰਿਚੰਦਉਰੀ ਇਕੁ ਰਾਮ ਭਜਨੁ ਲੈ ਲਾਹਾ॥੧॥ਰਹਾਉ॥	(ਹਰਿ-ਚੰਦਉਰੀ) ਧੋਖਾ ਦੇਣ ਵਾਲਾ ਦ੍ਰਿਸ਼	Dhrisatt Dhaekh Jaisae Harichandhouree Eik Raam Bhajan Lai Laahaa ||1|| Rehaao ||	See with your eyes, that these things are only mirages. So earn the profit of meditation on the One Lord. ||1||Pause||	ਪਰਮਾਤਮਾ ਦਾ ਭਜਨ ਕਰਿਆ ਕਰ, ਸਿਰਫ਼ ਇਹੀ (ਮਨੁੱਖਾ ਜੀਵਨ ਵਿਚ) ਲਾਭ (ਖੱਟਿਆ ਜਾ ਸਕਦਾ ਹੈ) ॥੧॥ ਰਹਾਉ ॥
18491	402	ਜੈਸੇ ਬਸਤਰ ਦੇਹ ਓਢਾਨੇ ਦਿਨ ਦੋਇ ਚਾਰਿ ਭੋਰਾਹਾ॥	(ਓਢਾਨੇ) ਪਹਿਨੇ। (ਭੋਰਾਹਾ) ਪਾਟ ਜਾਂਦੇ	Jaisae Basathar Dhaeh Oudtaanae Dhin Dhoe Chaar Bhoraahaa ||	It is like the clothes which you wear on your body - they wear off in a few days.	ਹੇ ਮਨ! (ਇਹ ਜਗਤ-ਪਸਾਰਾ ਇਉਂ ਹੀ ਹੈ) ਜਿਵੇਂ ਸਰੀਰ ਉਤੇ ਪਹਿਨੇ ਹੋਏ ਕੱਪੜੇ ਦੋ ਚਾਰ ਦਿਨਾਂ ਵਿਚ ਪੁਰਾਣੇ ਹੋ ਜਾਂਦੇ ਹਨ।
18492	402	ਭੀਤਿ ਊਪਰੇ ਕੇਤਕੁ ਧਾਈਐ ਅੰਤਿ ਓਰਕੋ ਆਹਾ॥੨॥	(ਕੇਤਕੁ) ਕਿਤਨਾ ਕੁ ਚਿਰ। (ਧਾਈਐ) ਦੌੜੀਏ। (ਓਰਕੋ) ਅਖੀਰਲਾ ਸਿਰਾ। ਕੇਤ-ਕੁ	Bheeth Ooparae Kaethak Dhhaaeeai Anth Ourako Aahaa ||2||	How long can you run upon a wall? Ultimately, you come to its end. ||2||	ਹੇ ਮਨ! ਕੰਧ ਉਤੇ ਕਿਥੋਂ ਤਕ ਦੌੜ ਸਕੀਦਾ ਹੈ? ਆਖ਼ਰ ਉਸ ਦਾ ਅਖ਼ੀਰਲਾ ਸਿਰਾ ਆ ਹੀ ਜਾਂਦਾ ਹੈ (ਜ਼ਿੰਦਗੀ ਦੇ ਗਿਣੇ-ਮਿਥੇ ਸੁਆਸ ਜ਼ਰੂਰ ਮੁੱਕ ਹੀ ਜਾਂਦੇ ਹਨ) ॥੨॥
18493	402	ਜੈਸੇ ਅੰਭ ਕੁੰਡ ਕਰਿ ਰਾਖਿਓ ਪਰਤ ਸਿੰਧੁ ਗਲਿ ਜਾਹਾ॥	(ਅੰਭ) ਪਾਣੀ। (ਕੁੰਡ) ਟੋਆ। (ਸਿੰਧੁ) ਲੂਣ	Jaisae Anbh Kundd Kar Raakhiou Parath Sindhh Gal Jaahaa ||	It is like salt, preserved in its container; when it is put into water, it dissolves.	ਹੇ ਮਨ! (ਇਹ ਉਮਰ ਇਉਂ ਹੀ ਹੈ) ਜਿਵੇਂ ਪਾਣੀ ਦਾ ਹੌਜ਼ਾ ਬਣਾ ਰੱਖਿਆ ਹੋਵੇ, ਤੇ ਲੂਣ ਉਸ ਵਿਚ ਪੈਂਦਿਆਂ ਹੀ ਗਲ ਜਾਂਦਾ ਹੈ।

18494	402	ਆਵਗਿ ਆਗਿਆ ਪਾਰਬ੍ਰਹਮ ਕੀ ਉਠਿ ਜਾਸੀ ਮੁਹਤ ਚਸਾਹਾ॥੩॥	(ਆਵਗਿ) ਆਵੇਗੀ। (ਮੁਹਤ) ਅੱਧੀ ਘੜੀ। : ਪੋਲਾ ਬੋਲੋ ਚਸਾਹਾ	Aavag Aagiaa Paarabreham Kee Outh Jaasee Muhath Chasaahaa ||3||	When the Order of the Supreme Lord God comes, the soul arises, and departs in an instant. ||3||	ਹੇ ਮਨ! ਜਦੋਂ (ਜਿਸ ਨੂੰ) ਪਰਮਾਤਮਾ ਦਾ ਹੁਕਮ (ਸੱਦਾ) ਆਵੇਗਾ, ਉਹ ਉਸੇ ਵੇਲੇ ਉਠ ਕੇ ਤੁਰ ਪਏਗਾ ॥੩॥
18495	402	ਰੇ ਮਨ ਲੇਖੈ ਚਾਲਹਿ ਲੇਖੈ ਬੈਸਹਿ ਲੇਖੈ ਲੈਦਾ ਸਾਹਾ॥		Rae Man Laekhai Chaalehi Laekhai Baisehi Laekhai Laidhaa Saahaa ||	O mind, your steps are numbered, your moments spent sitting are numbered, and the breaths you are to take are numbered.	ਹੇ ਮੇਰੇ ਮਨ! ਤੂੰ ਆਪਣੇ ਗਿਣੇ-ਮਿਥੇ ਮਿਲੇ ਸੁਆਸਾਂ ਦੇ ਅੰਦਰ ਹੀ ਜਗਤ ਵਿਚ ਤੁਰਿਆ ਫਿਰਦਾ ਹੈਂ ਤੇ ਬੈਠਦਾ ਹੈਂ (ਗਿਣੇ-ਮਿਥੇ) ਲੇਖੇ ਅਨੁਸਾਰ ਹੀ ਤੂੰ ਸਾਹ ਲੈਂਦਾ ਹੈਂ, (ਇਹ ਆਖ਼ਰ ਮੁੱਕ ਜਾਣੇ ਹਨ)।
18496	402	ਸਦਾ ਕੀਰਤਿ ਕਰਿ ਨਾਨਕ ਹਰਿ ਕੀ ਉਬਰੇ ਸਤਿਗੁਰ ਚਰਣ ਓਟਾਹਾ॥੪॥੧॥੧੨੩॥	(ਓਟਾਹਾ) ਆਸਰਾ	Sadhaa Keerath Kar Naanak Har Kee Oubarae Sathigur Charan Outtaahaa ||4||1||123||	Sing forever the Praises of the Lord, O Nanak, and you shall be saved, under the Shelter of the Feet of the True Guru. ||4||1||123||	ਹੇ ਨਾਨਕ! ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਰਹੁ। ਜੇਹੜੇ ਮਨੁੱਖ ਗੁਰੂ ਦੇ ਚਰਨਾਂ ਦਾ ਆਸਰਾ ਲੈਂਦੇ ਹਨ (ਤੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦੇ ਹਨ) ਉਹ (ਮਾਇਆ ਦੇ ਮੋਹ ਵਿਚ ਫਸਣੋਂ) ਬਚ ਜਾਂਦੇ ਹਨ ॥੪॥੧॥੧੨੩॥
18497	402	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

18498	402	ਅਪੁਸਟ ਬਾਤ ਤੇ ਭਈ ਸੀਧਰੀ ਦੂਤ ਦੁਸਟ ਸਜਨਈ॥	(ਅ-ਪੁਸਟ) ਪੁੱਠੀ। (ਸੀਧਰੀ) ਸਿੱਧੀ। (ਸੱਜ-ਨਈ) ਮਿੱਤ੍ਰ	Apusatt Baath Thae Bhee Seedhharee Dhooth Dhusatt Sajanee ||	That which was upside-down has been set upright; the deadly enemies and adversaries have become friends.	(ਜਦੋਂ ਗੁਰੂ ਨਾਲ ਮਿਲਾਪ ਹੋਇਆ ਤਾਂ ਮੇਰੀ ਹਰੇਕ) ਪੁੱਠੀ ਗੱਲ ਸੋਹਣੀ ਸਿੱਧੀ ਹੋ ਗਈ (ਮੇਰੇ ਪਹਿਲੇ) ਚੰਦਰੇ ਵੈਰੀ (ਹੁਣ) ਸੱਜਣ-ਮਿੱਤਰ ਬਣ ਗਏ,
18499	402	ਅੰਧਕਾਰ ਮਹਿ ਰਤਨੁ ਪ੍ਰਗਾਸਿਓ ਮਲੀਨ ਬੁਧਿ ਹਛਨਈ॥੧॥	(ਹਛਨਈ) ਸਾਫ਼	Andhhakaar Mehi Rathan Pragaasiou Maleen Budhh Hashhanee ||1||	In the darkness, the jewel shines forth, and the impure understanding has become pure. ||1||	(ਮੇਰੇ ਮਨ ਦੇ) ਘੁੱਪ ਹਨੇਰੇ ਵਿਚ (ਗੁਰੂ ਦਾ ਬਖ਼ਸ਼ਿਆ ਗਿਆਨ-) ਰਤਨ ਚਮਕ ਪਿਆ (ਵਿਕਾਰਾਂ ਨਾਲ) ਮੈਲੀ ਹੋ ਚੁਕੀ ਮੇਰੀ ਅਕਲ ਸਾਫ਼-ਸੁਥਰੀ ਹੋ ਗਈ ॥੧॥
18500	402	ਜਉ ਕਿਰਪਾ ਗੋਬਿੰਦ ਭਈ॥		Jo Kirapaa Gobindh Bhee ||	When the Lord of the Universe became merciful,	ਜਦੋਂ ਮੇਰੇ ਉਤੇ ਗੋਬਿੰਦ ਦੀ ਕਿਰਪਾ ਹੋਈ,
18501	402	ਸੁਖ ਸੰਪਤਿ ਹਰਿ ਨਾਮ ਫਲ ਪਾਏ ਸਤਿਗੁਰ ਮਿਲਈ॥੧॥ਰਹਾਉ ॥	(ਸੰਪਤਿ) ਧਨ ਮਾਲ। ਮਿ-ਲਈ	Sukh Sanpath Har Naam Fal Paaeae Sathigur Milee ||1|| Rehaao ||	I found peace, wealth and the fruit of the Lord's Name; I have met the True Guru. ||1||Pause||	ਮੈਂ ਸਤਿਗੁਰੂ ਨੂੰ ਮਿਲ ਪਿਆ (ਤੇ ਗੁਰੂ ਦੇ ਮਿਲਾਪ ਦੀ ਬਰਕਤਿ ਨਾਲ) ਫਲ (ਵਜੋਂ) ਮੈਨੂੰ ਆਤਮਕ ਆਨੰਦ ਦੀ ਦੌਲਤ ਤੇ ਪਰਮਾਤਮਾ ਦੇ ਨਾਮ ਦੀ ਪ੍ਰਾਪਤੀ ਹੋ ਗਈ ॥੧॥ ਰਹਾਉ ॥
18502	402	ਮੋਹਿ ਕਿਰਪਨ ਕਉ ਕੋਇ ਨ ਜਾਨਤ ਸਗਲ ਭਵਨ ਪ੍ਰਗਟਈ॥	(ਕਿਰਪਨ) ਸੂਮ। ਪ੍ਰਗ-ਟਈ	Mohi Kirapan Ko Koe N Jaanath Sagal Bhavan Pragattee ||	No one knew me, the miserable miser, but now, I have become famous all over the world.	(ਗੁਰੂ ਦੇ ਮਿਲਾਪ ਤੋਂ ਪਹਿਲਾਂ) ਮੈਨੂੰ ਨਕਾਰੇ ਨੂੰ ਕੋਈ ਨਹੀਂ ਸੀ ਜਾਣਦਾ; ਹੁਣ ਮੈਂ ਸਾਰੇ ਭਵਨਾਂ ਵਿਚ ਉੱਘਾ ਹੋ ਗਿਆ।

18503	402	ਸੰਗਿ ਬੈਠਨੋ ਕਹੀ ਨ ਪਾਵਤ ਹੁਨਿ ਸਗਲ ਚਰਣ ਸੇਵਈ॥੨॥	(ਸੇ–ਵਈ) ਸੇਵਾ ਕਰਦਾ	Sang Baithano Kehee N Paavath Hun Sagal Charan Saevee ||2||	Before, no one would even sit with me, but now, all worship my feet. ||2||	(ਪਹਿਲਾਂ) ਮੈਨੂੰ ਕਿਸੇ ਦੇ ਕੋਲ ਬੈਠਣਾ ਨਹੀਂ ਸੀ ਮਿਲਦਾ, ਹੁਣ ਸਾਰੀ ਲੁਕਾਈ ਮੇਰੇ ਚਰਨਾਂ ਦੀ ਸੇਵਾ ਕਰਨ ਲੱਗ ਪਈ ॥੨॥
18504	402	ਆਢ ਆਢ ਕਉ ਫਿਰਤ ਢੂੰਢਤੇ ਮਨ ਸਗਲ ਤ੍ਰਿਸਨ ਬੁਝਿ ਗਈ॥	(ਆਢ) ਅੱਧੀ ਦਮੜੀ। ਬੁਝਿ: ਪੋਲਾ ਬੋਲੋ	Aadt Aadt Ko Firath Dtoondtathae Man Sagal Thrisan Bujh Gee ||	I used to wander in search of pennies, but now, all the desires of my mind are satisfied.	(ਗੁਰ-ਮਿਲਾਪ ਤੋਂ ਪਹਿਲਾਂ ਤ੍ਰਿਸ਼ਨਾ-ਅਧੀਨ ਹੋ ਕੇ) ਮੈਂ ਅੱਧੀ ਅੱਧੀ ਦਮੜੀ ਨੂੰ ਢੂੰਡਦਾ ਫਿਰਦਾ ਸਾਂ (ਗੁਰੂ ਦੀ ਬਰਕਤਿ ਨਾਲ) ਮੇਰੇ ਮਨ ਦੀ ਸਾਰੀ ਤ੍ਰਿਸ਼ਨਾ ਬੁੱਝ ਗਈ ਹੈ।
18505	402	ਏਕੁ ਬੋਲੁ ਭੀ ਖਵਤੋ ਨਾਹੀ ਸਾਧਸੰਗਤਿ ਸੀਤਲਈ॥੩॥	(ਖਵਤੋ)ਸਹਾਰਦਾ ਨਹੀਂ ਸੀ। (ਸੀਤਲਈ) ਠੰਢਾ ਸੁਭਾਅ	Eaek Bol Bhee Khavatho Naahee Saadhhasangath Seethalee ||3||	I could not bear even one criticism, but now, in the Saadh Sangat, the Company of the Holy, I am cooled and soothed. ||3||	ਪਹਿਲਾਂ ਮੈਂ (ਕਿਸੇ ਦਾ) ਇੱਕ ਭੀ (ਖਰ੍ਹਵਾ) ਬੋਲ ਸਹਾਰ ਨਹੀਂ ਸਾਂ ਸਕਦਾ, ਸਾਧ ਸੰਗਤਿ ਦਾ ਸਦਕਾ ਹੁਣ ਮੇਰਾ ਮਨ ਠੰਡਾ-ਠਾਰ ਹੋ ਗਿਆ ਹੈ ॥੩॥
18506	402	ਏਕ ਜੀਹ ਗੁਣ ਕਵਨ ਵਖਾਨੈ ਅਗਮ ਅਗਮ ਅਗਮਈ॥	(ਜੀਹ) ਜੀਭ। (ਅਗ–ਮਈ) ਪਹੁੰਚ ਤੋਂ ਪਰੇ	Eaek Jeeh Gun Kavan Vakhaanai Agam Agam Agamee ||	What Glorious Virtues of the Inaccessible, Unfathomable, Profound Lord can one mere tongue describe?	(ਗੋਬਿੰਦ ਦੀ ਅਪਾਰ ਕਿਰਪਾ ਨਾਲ ਮੈਨੂੰ ਸਤਿਗੁਰੂ ਮਿਲਿਆ, ਉਸ ਗੋਬਿੰਦ ਦੇ) ਕੇਹੜੇ ਕੇਹੜੇ ਗੁਣ (ਉਪਕਾਰ) ਮੇਰੀ ਇੱਕ ਜੀਭ ਬਿਆਨ ਕਰੇ? ਉਹ ਅਪਹੁੰਚ ਹੈ ਅਪਹੁੰਚ ਹੈ ਅਪਹੁੰਚ ਹੈ (ਉਸ ਦੇ ਸਾਰੇ ਗੁਣ ਉਪਕਾਰ ਦੱਸੇ ਨਹੀਂ ਜਾ ਸਕਦੇ)।

18507	402	ਦਾਸੁ ਦਾਸ ਦਾਸ ਕੋ ਕਰੀਅਹੁ ਜਨ ਨਾਨਕ ਹਰਿ ਸਰਣਈ॥੪॥੨॥੧੨੪॥	ਕਰੀ-ਅਹੁ। ਸਰ-ਣਈ	Dhaas Dhaas Dhaas Ko Kareeahu Jan Naanak Har Saranee ||4||2||124||	Please, make me the slave of the slave of Your slaves; servant Nanak seeks the Lord's Sanctuary. ||4||2||124||	ਹੇ ਨਾਨਕ! (ਸਿਰਫ਼ ਇਹੀ ਆਖਦਾ ਰਹੁ-) ਹੇ ਹਰੀ! ਮੈਂ ਦਾਸ ਤੇਰੀ ਸਰਨ ਆਇਆ ਹਾਂ, ਮੈਨੂੰ ਆਪਣੇ ਦਾਸਾਂ ਦੇ ਦਾਸਾਂ ਦਾ ਦਾਸ ਬਣਾਈ ਰੱਖ ॥੪॥੨॥੧੨੪॥
18508	402	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18509	402	ਰੇ ਮੂੜੇ ਲਾਹੇ ਕਉ ਤੂੰ ਢੀਲਾ ਢੀਲਾ ਤੋਟੇ ਕਉ ਬੇਗਿ ਧਾਇਆ॥	(ਬੇਗਿ) ਛੇਤੀ। (ਧਾਇਆ) ਦੌੜਦਾ	Rae Moorrae Laahae Ko Thoon Dteelaa Dteelaa Thottae Ko Baeg Dhhaaeiaa ||	O fool, you are so slow to earn your profits, and so quick to run up losses.	ਹੇ (ਮੇਰੇ) ਮੂਰਖ (ਮਨ)! (ਆਤਮਕ ਜੀਵਨ ਦੇ) ਲਾਭ ਵਲੋਂ ਤੂੰ ਬਹੁਤ ਆਲਸੀ ਹੈਂ ਪਰ (ਆਤਮਕ ਜੀਵਨ ਦੀ ਰਾਸਿ ਦੇ) ਘਾਟੇ ਵਾਸਤੇ ਤੂੰ ਛੇਤੀ ਉੱਠ ਦੌੜਦਾ ਹੈਂ!
18510	402	ਸਸਤ ਵਖਰੁ ਤੂੰ ਘਿੰਨਹਿ ਨਾਹੀ ਪਾਪੀ ਬਾਧਾ ਰੇਨਾਇਆ॥੧॥	(ਘਿੰਨਹਿ)ਖ਼ਰੀਦਦਾ। ਔਗੁਣਾਂ ਰੂਪ (ਰੇਨਾਇਆ) ਕਰਜੇ। ਵੱਖਰੁ	Sasath Vakhar Thoon Ghinnehi Naahee Paapee Baadhhaa Raenaaeiaa ||1||	You do not purchase the inexpensive merchandise; O sinner, you are tied to your debts. ||1||	ਹੇ ਪਾਪੀ! ਤੂੰ ਸਸਤਾ ਸੌਦਾ ਨਹੀਂ ਲੈਂਦਾ, (ਵਿਕਾਰਾਂ ਦੇ) ਕਰਜ਼ੇ ਨਾਲ ਬੱਝਾ ਪਿਆ ਹੈਂ ॥੧॥
18511	402	ਸਤਿਗੁਰ ਤੇਰੀ ਆਸਾਇਆ॥	(ਆਸਾਇਆ) ਆਸ	Sathigur Thaeree Aasaaeiaa ||	O True Guru, You are my only hope.	ਹੇ ਗੁਰੂ! ਮੈਨੂੰ ਤੇਰੀ (ਸਹਾਇਤਾ ਦੀ) ਆਸ ਹੈ।

18512	402	ਪਤਿਤ ਪਾਵਨੁ ਤੇਰੋ ਨਾਮੁ ਪਾਰਬ੍ਰਹਮ ਮੈ ਏਹਾ ਓਟਾਇਆ॥੧॥ਰਹਾਉ॥		Pathith Paavan Thaero Naam Paarabreham Mai Eaehaa Outtaaeiaa ||1|| Rehaao ||	Your Name is the Purifier of sinners, O Supreme Lord God; You are my only Shelter. ||1||Pause||	ਹੇ ਪਰਮਾਤਮਾ! (ਮੈਂ ਵਿਕਾਰੀ ਤਾਂ ਬਹੁਤ ਹਾਂ, ਪਰ) ਮੈਨੂੰ ਇਹੀ ਸਹਾਰਾ ਹੈ ਕਿ ਤੇਰਾ ਨਾਮ ਵਿਕਾਰਾਂ ਵਿਚ ਡਿੱਗੇ ਹੋਏ ਨੂੰ ਪਵਿਤ੍ਰ ਕਰਨ ਵਾਲਾ ਹੈ ॥੧॥ ਰਹਾਉ ॥
18513	402	ਗੰਧਣ ਵੈਣ ਸੁਣਹਿ ਉਰਝਾਵਹਿ ਨਾਮੁ ਲੈਤ ਅਲਕਾਇਆ॥	(ਗੰਧਣ)ਗੰਦੇ। (ਵੈਣ) ਬੋਲ, ਗੀਤ। (ਉਰਝਾਵਹਿ) ਫਸਦਾ। (ਅਲਕਾਇਆ)ਆਲਸ	Gandhhan Vain Sunehi Ourajhaavehi Naam Laith Alakaaeiaa ||	Listening to the evil talk, you are caught up in it, but you are hesitant to chant the Naam, the Name of the Lord.	ਹੇ ਮੂਰਖ! ਤੂੰ ਗੰਦੇ ਗੀਤ ਸੁਣਦਾ ਹੈਂ ਤੇ (ਸੁਣ ਕੇ) ਮਸਤ ਹੁੰਦਾ ਹੈਂ, ਪਰਮਾਤਮਾ ਦਾ ਨਾਮ ਲੈਂਦਿਆਂ ਆਲਸ ਕਰਦਾ ਹੈਂ,
18514	402	ਨਿੰਦ ਚਿੰਦ ਕਉ ਬਹੁਤੁ ਉਮਾਹਿਓ ਬੂਝੀ ਉਲਟਾਇਆ॥੨॥	(ਉਮਾਹਿਓ) ਚਾਅ ਚੜਦਾ। (ਬੂੱਝੀ) ਸਮਝੀ	Nindh Chindh Ko Bahuth Oumaahiou Boojhee Oulattaaeiaa ||2||	You are delighted by slanderous talk; your understanding is corrupt. ||2||	ਕਿਸੇ ਦੀ ਨਿੰਦਾ ਦੇ ਖ਼ਿਆਲ ਤੋਂ ਤੈਨੂੰ ਬਹੁਤ ਚਾਉ ਚੜ੍ਹਦਾ ਹੈ। ਹੇ ਮੂਰਖ! ਤੂੰ ਹਰੇਕ ਗੱਲ ਉਲਟੀ ਹੀ ਸਮਝੀ ਹੋਈ ਹੈ ॥੨॥
18515	402	ਪਰ ਧਨ ਪਰ ਤਨ ਪਰ ਤੀ ਨਿੰਦਾ ਅਖਾਧਿ ਖਾਹਿ ਹਰਕਾਇਆ॥	(ਅਖਾਧਿ)ਨਾ ਖਾਣ ਵਾਲੀਆਂ ਚੀਜਾਂ। (ਹਰਕਾਇਆ)ਹਲ਼ਕ ਗਿਆ	Par Dhhan Par Than Par Thee Nindhaa Akhaadhh Khaahi Harakaaeiaa ||	Others' wealth, others' wives and the slander of others - eating the uneatable, you have gone crazy.	ਹੇ ਮੂਰਖ! ਤੂੰ ਪਰਾਇਆ ਧਨ (ਚੁਰਾਂਦਾ ਹੈਂ), ਪਰਾਇਆ ਰੂਪ (ਮੰਦੀ ਨਿਗਾਹ ਨਾਲ ਤੱਕਦਾ ਹੈਂ), ਪਰਾਈ ਨਿੰਦਾ (ਕਰਦਾ ਹੈਂ ਤੂੰ ਲੋਭ ਨਾਲ) ਹਲਕਾ ਹੋਇਆ ਪਿਆ ਹੈਂ ਉਹੀ ਚੀਜ਼ਾਂ ਖਾਂਦਾ ਹੈਂ ਜੋ ਤੈਨੂੰ ਨਹੀਂ ਖਾਣੀਆਂ ਚਾਹੀਦੀਆਂ।

18516	402	ਸਾਚ ਧਰਮ ਸਿਉ ਰੁਚਿ ਨਹੀ ਆਵੈ ਸਤਿ ਸੁਨਤ ਛੋਹਾਇਆ॥੩॥	(ਰੁਚਿ) ਪਿਆਰ। (ਛੋਹਾਇਆ) ਗੁੱਸੇ	Saach Dhharam Sio Ruch Nehee Aavai Sath Sunath Shhohaaeiaa ||3||	You have not enshrined love for the True Faith of Dharma; hearing the Truth, you are enraged. ||3||	ਹੇ ਮੂਰਖ! ਸਦਾ ਨਾਲ ਨਿਭਣ-ਵਾਲੇ ਧਰਮ ਨਾਲ ਤੇਰਾ ਪਿਆਰ ਨਹੀਂ ਪੈਂਦਾ, ਸੱਚ-ਉਪਦੇਸ਼ ਸੁਣਨ ਤੋਂ ਤੈਨੂੰ ਖਿੱਝ ਲੱਗਦੀ ਹੈ ॥੩॥
18517	402	ਦੀਨ ਦਇਆਲ ਕ੍ਰਿਪਾਲ ਪ੍ਰਭ ਠਾਕੁਰ ਭਗਤ ਟੇਕ ਹਰਿ ਨਾਇਆ॥		Dheen Dhaeiaal Kirapaal Prabh Thaakur Bhagath Ttaek Har Naaeiaa ||	O God, Merciful to the meek, Compassionate Lord Master, Your Name is the Support of Your devotees.	ਹੇ ਨਾਨਕ! (ਆਖ-) ਹੇ ਦੀਨਾਂ ਉਤੇ ਦਇਆ ਕਰਨ ਵਾਲੇ ਠਾਕੁਰ! ਹੇ ਕਿਰਪਾ ਦੇ ਘਰ ਪ੍ਰਭੂ! ਤੇਰੇ ਭਗਤਾਂ ਨੂੰ ਤੇਰੇ ਨਾਮ ਦਾ ਸਹਾਰਾ ਹੈ।
18518	402	ਨਾਨਕ ਆਹਿ ਸਰਣ ਪ੍ਰਭ ਆਇਓ ਰਾਖੁ ਲਾਜ ਅਪਨਾਇਆ॥੪॥੩॥੧੨੫॥	(ਆਹਿ)ਚਾਹ ਕੇ। (ਅਪਨਾਇਆ) ਆਪਣਾ	Naanak Aahi Saran Prabh Aaeiou Raakh Laaj Apanaaeiaa ||4||3||125||	Nanak has come to Your Sanctuary; O God, make him Your Own, and preserve his honor. ||4||3||125||	ਹੇ ਪ੍ਰਭੂ! ਮੈਂ ਚਾਹ ਕਰ ਕੇ ਤੇਰੀ ਸਰਨ ਆਇਆ ਹਾਂ, ਮੈਨੂੰ ਆਪਣਾ ਦਾਸ ਬਣਾ ਕੇ ਮੇਰੀ ਲਾਜ ਰੱਖ (ਮੈਨੂੰ ਮੰਦ ਕਰਮਾਂ ਤੋਂ ਬਚਾਈ ਰੱਖ) ॥੪॥੩॥੧੨੫॥
18519	402	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

18520	402	ਮਿਥਿਆ ਸੰਗਿ ਸੰਗਿ ਲਪਟਾਏ ਮੋਹ ਮਾਇਆ ਕਰਿ ਬਾਧੇ॥	ਮਿਥਿਆ:ਪੋਲਾ ਬੋਲੋ। (ਮਿਥਿਆ) ਨਾਸਵੰਤ	Mithhiaa Sang Sang Lapattaaeae Moh Maaeiaa Kar Baadhhae ||	: They are attached to falsehood; clinging to the transitory, they are trapped in emotional attachment to Maya.	(ਮੰਦ-ਭਾਗੀ ਮਨੁੱਖ) ਝੂਠੇ ਸਾਥੀਆਂ ਦੀ ਸੰਗਤਿ ਵਿਚ ਮਸਤ ਰਹਿੰਦਾ ਹੈ ਮਾਇਆ ਦੇ ਮੋਹ ਵਿਚ ਬੱਝਾ ਰਹਿੰਦਾ ਹੈ,
18521	402	ਜਹ ਜਾਨੋ ਸੋ ਚੀਤਿ ਨ ਆਵੈ ਅਹੰਬੁਧਿ ਭਏ ਆਂਧੇ॥੧॥	(ਜਾਨੋ) ਜਾਣਾ। (ਆਂਧੇ) ਅੰਨ੍ਹੇ	Jeh Jaano So Cheeth N Aavai Ahanbudhh Bheae Aandhhae ||1||	Wherever they go, they do not think of the Lord; they are blinded by intellectual egotism. ||1||	(ਇਹ ਜਗਤ ਛੱਡ ਕੇ) ਜਿੱਥੇ (ਆਖ਼ਰ) ਚਲੇ ਜਾਣਾ ਹੈ ਉਹ ਥਾਂ (ਇਸ ਦੇ) ਚਿੱਤ ਵਿਚ ਕਦੇ ਨਹੀਂ ਆਉਂਦਾ, ਹਉਮੈ ਵਿਚ ਅੰਨ੍ਹਾ ਹੋਇਆ ਰਹਿੰਦਾ ਹੈ ॥੧॥
18522	402	ਮਨ ਬੈਰਾਗੀ ਕਿਉ ਨ ਅਰਾਧੇ॥		Man Bairaagee Kio N Araadhhae ||	O mind, O renunciate, why don't you adore Him?	ਹੇ ਮੇਰੇ ਮਨ! ਤੂੰ ਮਾਇਆ ਦੇ ਮੋਹ ਵਲੋਂ ਉਪਰਾਮ ਹੋ ਕੇ ਪਰਮਾਤਮਾ ਦਾ ਆਰਾਧਨ ਕਿਉਂ ਨਹੀਂ ਕਰਦਾ?
18523	402	ਕਾਚ ਕੋਠਰੀ ਮਾਹਿ ਤੂੰ ਬਸਤਾ ਸੰਗਿ ਸਗਲ ਬਿਖੈ ਕੀ ਬਿਆਧੇ॥੧॥ਰਹਾਉ ॥	(ਬਿਖੈ) ਵਿਸ਼ੇ ਵਿਕਾਰ। (ਬਿਆਧੇ) ਰੋਗ	Kaach Kotharee Maahi Thoon Basathaa Sang Sagal Bikhai Kee Biaadhhae ||1|| Rehaao ||	You dwell in that flimsy chamber, with all the sins of corruption. ||1||Pause||	(ਤੇਰਾ ਇਹ ਸਰੀਰ) ਕੱਚੀ ਕੋਠੜੀ ਹੈ ਜਿਸ ਵਿਚ ਤੂੰ ਵੱਸ ਰਿਹਾ ਹੈਂ, ਤੇਰੇ ਨਾਲ ਸਾਰੇ ਵਿਸ਼ੇ-ਵਿਕਾਰਾਂ ਦੇ ਰੋਗ ਚੰਬੜੇ ਪਏ ਹਨ ॥੧॥ ਰਹਾਉ ॥

18524	402	ਮੇਰੀ ਮੇਰੀ ਕਰਤ ਦਿਨੁ ਰੈਨਿ ਬਿਹਾਵੈ ਪਲੁ ਖਿਨੁ ਛੀਜੈ ਅਰਜਾਧੇ॥	(ਅਰਜਾਧੇ)ਉਮਰ	Maeree Maeree Karath Dhin Rain Bihaavai Pal Khin Shheejai Arajaadhhae ||	Crying out, ""Mine, mine"", your days and nights pass away; moment by moment, your life is running out.	'ਇਹ ਮੇਰੀ ਮਲਕੀਅਤ ਹੈ ਇਹ ਮੇਰੀ ਜਾਇਦਾਦ ਹੈ'-ਇਹ ਆਖਦਿਆਂ ਹੀ (ਮੰਦ-ਭਾਗੀ ਮਨੁੱਖ ਦਾ) ਦਿਨ ਗੁਜ਼ਰ ਜਾਂਦਾ ਹੈ (ਇਸ ਤਰ੍ਹਾਂ ਹੀ ਫਿਰ) ਰਾਤ ਲੰਘ ਜਾਂਦੀ ਹੈ, ਪਲ ਪਲ ਛਿਨ ਛਿਨ ਕਰ ਕੇ ਇਸ ਦੀ ਉਮਰ ਘਟਦੀ ਜਾਂਦੀ ਹੈ।
18525	403	ਜੈਸੇ ਮੀਠੈ ਸਾਦਿ ਲੋਭਾਏ ਝੂਠ ਧੰਧਿ ਦੁਰਗਾਧੇ॥੨॥	(ਦੁਰਗਾਧੇ) ਦੁਰਗੰਧ	Jaisae Meethai Saadh Lobhaaeae Jhooth Dhhandhh Dhuragaadhhae ||2||	The sweet flavors tempt you, and you are occupied by your false and filthy business. ||2||	ਜਿਵੇਂ ਮਿੱਠੇ ਦੇ ਸੁਆਦ ਵਿਚ (ਮੱਖੀ) ਫਸ ਜਾਂਦੀ ਹੈ ਤਿਵੇਂ (ਮੰਦ-ਭਾਗੀ ਮਨੁੱਖ) ਝੂਠੇ ਧੰਧੇ ਵਿਚ ਦੁਰਗੰਧ ਵਿਚ ਫਸਿਆ ਰਹਿੰਦਾ ਹੈ ॥੨॥
18526	403	ਕਾਮ ਕ੍ਰੋਧ ਅਰੁ ਲੋਭ ਮੋਹ ਇਹ ਇੰਦ੍ਰੀ ਰਸਿ ਲਪਟਾਧੇ॥		Kaam Krodhh Ar Lobh Moh Eih Eindhree Ras Lapattaadhhae ||	Your senses are beguiled by sensual pleasures of sex, by anger, greed and emotional attachment.	ਕਾਮ, ਕ੍ਰੋਧ, ਲੋਭ, ਮੋਹ (ਆਦਿਕ ਵਿਕਾਰਾਂ ਵਿਚ) ਇੰਦ੍ਰਿਆਂ ਦੇ ਰਸ ਵਿਚ (ਮਨੁੱਖ) ਗ਼ਲਤਾਨ ਰਹਿੰਦਾ ਹੈ।
18527	403	ਦੀਈ ਭਵਾਰੀ ਪੁਰਖਿ ਬਿਧਾਤੈ ਬਹੁਰਿ ਬਹੁਰਿ ਜਨਮਾਧੇ॥੩॥	(ਭਵਾਰੀ) ਘੁਮੇਰੀ, ਗੇੜ। ਦੀ-ਈ। ਜਨਮੱਾਧੇ	Dheeee Bhavaaree Purakh Bidhhaathai Bahur Bahur Janamaadhhae ||3||	The All-powerful Architect of Destiny has ordained that you shall be reincarnated over and over again. ||3||	(ਇਹਨਾਂ ਕੁਕਰਮਾਂ ਦੇ ਕਾਰਨ ਜਦੋਂ) ਸਿਰਜਨਹਾਰ ਅਕਾਲ ਪੁਰਖ ਨੇ (ਇਸ ਨੂੰ ਚੌਰਾਸੀ ਲੱਖ ਜੂਨਾਂ ਵਾਲੀ) ਭਵਾਟਣੀ ਦੇ ਦਿੱਤੀ ਤਾਂ ਇਹ ਮੁੜ ਮੁੜ ਜੂਨਾਂ ਵਿਚ ਭਟਕਦਾ ਫਿਰਦਾ ਹੈ ॥੩॥

18528	403	ਜਉ ਭਇਓ ਕ੍ਰਿਪਾਲੁ ਦੀਨ ਦੁਖ ਭੰਜਨੁ ਤਉ ਗੁਰ ਮਿਲਿ ਸਭ ਸੁਖ ਲਾਧੇ॥		Jo Bhaeiou Kirapaal Dheen Dhukh Bhanjan Tho Gur Mil Sabh Sukh Laadhhae ||	When the Destroyer of the pains of the poor becomes merciful, then, as Gurmukh, you shall find absolute peace.	ਜਦੋਂ ਗਰੀਬਾਂ ਦੇ ਦੁੱਖ ਨਾਸ ਕਰਨ ਵਾਲਾ ਪਰਮਾਤਮਾ (ਇਸ ਉਤੇ) ਦਇਆਵਾਨ ਹੁੰਦਾ ਹੈ ਤਦੋਂ ਗੁਰੂ ਨੂੰ ਮਿਲ ਕੇ ਇਹ ਸਾਰੇ ਸੁਖ ਹਾਸਲ ਕਰ ਲੈਂਦਾ ਹੈ।
18529	403	ਕਹੁ ਨਾਨਕ ਦਿਨੁ ਰੈਨਿ ਧਿਆਵਉ ਮਾਰਿ ਕਾਢੀ ਸਗਲ ਉਪਾਧੇ॥੪॥	(ਉਪਾਧੇ) ਵਿਕਾਰ	Kahu Naanak Dhin Rain Dhhiaavo Maar Kaadtee Sagal Oupaadhhae ||4||	Says Nanak, meditate on the Lord, day and night, and all your sickness shall be banished. ||4||	ਨਾਨਕ ਆਖਦਾ ਹੈ- (ਪਰਮਾਤਮਾ ਦੀ ਕਿਰਪਾ ਨਾਲ ਗੁਰੂ ਨੂੰ ਮਿਲ ਕੇ) ਮੈਂ ਦਿਨ ਰਾਤ (ਹਰ ਵੇਲੇ ਪਰਮਾਤਮਾ ਦਾ) ਧਿਆਨ ਧਰਦਾ ਹਾਂ, ਉਸ ਨੇ ਮੇਰੇ ਅੰਦਰੋਂ ਸਾਰੇ ਵਿਕਾਰ ਮਾਰ ਮੁਕਾਏ ਹਨ ॥੪॥
18530	403	ਇਉ ਜਪਿਓ ਭਾਈ ਪੁਰਖੁ ਬਿਧਾਤੇ॥		Eio Japiou Bhaaee Purakh Bidhhaathae ||	Meditate in this way, O Siblings of Destiny, on the Lord, the Architect of Destiny.	ਇਸ ਤਰ੍ਹਾਂ ਹੀ (ਪਰਮਾਤਮਾ ਦੀ ਮੇਹਰ ਨਾਲ ਗੁਰੂ ਨੂੰ ਮਿਲ ਕੇ ਹੀ, ਮਨੁੱਖ) ਸਿਰਜਨਹਾਰ ਅਕਾਲ ਪੁਰਖ ਦਾ ਨਾਮ ਜਪ ਸਕਦਾ ਹੈ।
18531	403	ਭਇਓ ਕ੍ਰਿਪਾਲੁ ਦੀਨ ਦੁਖ ਭੰਜਨੁ ਜਨਮ ਮਰਣ ਦੁਖ ਲਾਥੇ॥੧॥ ਰਹਾਉ ਦੂਜਾ॥੪॥੪॥੧੨੬॥		Bhaeiou Kirapaal Dheen Dhukh Bhanjan Janam Maran Dhukh Laathhae ||1|| Rehaao Dhoojaa ||4||4||126||	The Destroyer of the pains of the poor has become merciful; He has removed the pains of birth and death. ||1||Second Pause||4||4||126||	ਜਿਸ ਮਨੁੱਖ ਉਤੇ ਗਰੀਬਾਂ ਦੇ ਦੁੱਖ ਦੂਰ ਕਰਨ ਵਾਲਾ ਪਰਮਾਤਮਾ ਦਇਆਵਾਨ ਹੁੰਦਾ ਹੈ ਉਸ ਦੇ ਜਨਮ ਮਰਨ (ਦੇ ਗੇੜ) ਦੇ ਦੁੱਖ ਲਹਿ ਜਾਂਦੇ ਹਨ ॥੧॥ਰਹਾਉ ਦੂਜਾ॥੪॥੪॥੧੨੬॥

18532	403	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18533	403	ਨਿਮਖ ਕਾਮ ਸੁਆਦ ਕਾਰਣਿ ਕੋਟਿ ਦਿਨਸ ਦੁਖੁ ਪਾਵਹਿ॥		Nimakh Kaam Suaadh Kaaran Kott Dhinas Dhukh Paavehi ||	For a moment of sexual pleasure, you shall suffer in pain for millions of days.	ਹੇ ਅੰਨ੍ਹੇ ਜੀਵ! ਥੋੜਾ ਜਿਤਨਾ ਸਮਾ ਕਾਮ-ਵਾਸਨਾ ਦੇ ਸੁਆਦ ਦੀ ਖ਼ਾਤਰ (ਫਿਰ) ਤੂੰ ਕ੍ਰੋੜਾਂ ਹੀ ਦਿਨ ਦੁੱਖ ਸਹਾਰਦਾ ਹੈਂ।
18534	403	ਘਰੀ ਮੁਹਤ ਰੰਗ ਮਾਣਹਿ ਫਿਰਿ ਬਹੁਰਿ ਬਹੁਰਿ ਪਛੁਤਾਵਹਿ॥੧॥		Gharee Muhath Rang Maanehi Fir Bahur Bahur Pashhuthaavehi ||1||	For an instant, you may savor pleasure, but afterwards, you shall regret it, again and again. ||1||	ਤੂੰ ਘੜੀ ਦੋ ਘੜੀਆਂ ਮੌਜਾਂ ਮਾਣਦਾ ਹੈਂ, ਉਸ ਤੋਂ ਪਿੱਛੋਂ ਮੁੜ ਮੁੜ ਪਛੁਤਾਂਦਾ ਹੈਂ ॥੧॥
18535	403	ਅੰਧੇ ਚੇਤਿ ਹਰਿ ਹਰਿ ਰਾਇਆ॥	(ਰਾਇਆ) ਪਾਤਿਸ਼ਾਹ	Andhhae Chaeth Har Har Raaeiaa ||	O blind man, meditate on the Lord, the Lord, your King.	ਹੇ ਕਾਮ-ਵਾਸਨਾ ਵਿਚ ਅੰਨ੍ਹੇ ਹੋਏ ਜੀਵ! (ਇਹ ਵਿਕਾਰਾਂ ਵਾਲਾ ਰਾਹ ਛੱਡ, ਤੇ) ਪ੍ਰਭੂ-ਪਾਤਿਸ਼ਾਹ ਦਾ ਸਿਮਰਨ ਕਰ।
18536	403	ਤੇਰਾ ਸੋ ਦਿਨੁ ਨੇੜੈ ਆਇਆ॥੧॥ਰਹਾਉ ॥		Thaeraa So Dhin Naerrai Aaeiaa ||1|| Rehaao ||	Your day is drawing near. ||1||Pause||	ਤੇਰਾ ਉਹ ਦਿਨ ਨੇੜੇ ਆ ਰਿਹਾ ਹੈ (ਜਦੋਂ ਤੂੰ ਇਥੋਂ ਕੂਚ ਕਰ ਜਾਣਾ ਹੈ) ॥੧॥ ਰਹਾਉ ॥
18537	403	ਪਲਕ ਦ੍ਰਿਸਟਿ ਦੇਖਿ ਭੂਲੋ ਆਕ ਨੀਮ ਕੋ ਤੂੰਮਰੁ॥	(ਤੂੰਮਰੁ)ਤੁੰਮਾ	Palak Dhrisatt Dhaekh Bhoolo Aak Neem Ko Thoonmar ||	You are deceived, beholding with your eyes, the bitter melon and swallow-wort.	ਹੇ ਅੰਨ੍ਹੇ ਮਨੁੱਖ! ਅੱਕ ਨਿੰਮ ਵਰਗੇ ਕੌੜੇ ਤੁੰਮੇ ਨੂੰ (ਜੋ ਵੇਖਣ ਨੂੰ ਸੋਹਣਾ ਹੁੰਦਾ ਹੈ) ਥੋੜੇ ਜਿਤਨੇ ਸਮੇਂ ਲਈ ਵੇਖ ਕੇ ਤੂੰ ਭੁੱਲ ਜਾਂਦਾ ਹੈਂ।

18538	403	ਜੈਸਾ ਸੰਗੁ ਬਿਸੀਅਰ ਸਿਉ ਹੈ ਰੇ ਤੈਸੋ ਹੀ ਇਹੁ ਪਰ ਗ੍ਰਿਹੁ॥੨॥	(ਬਿਸੀਅਰ) ਸੱਪ	Jaisaa Sang Biseear Sio Hai Rae Thaiso Hee Eihu Par Grihu ||2||	But, like the companionship of a poisonous snake, so is the desire for another's spouse. ||2||	ਹੇ ਅੰਨ੍ਹੇ! ਪਰਾਈ ਇਸਤ੍ਰੀ ਦਾ ਸੰਗ ਇਉਂ ਹੀ ਹੈ ਜਿਵੇਂ ਸੱਪ ਨਾਲ ਸਾਥ ਹੈ ॥੨॥
18539	403	ਬੈਰੀ ਕਾਰਣਿ ਪਾਪ ਕਰਤਾ ਬਸਤੁ ਰਹੀ ਅਮਾਨਾ॥	(ਅਮਾਨਾ) ਅਮਾਨਤ	Bairee Kaaran Paap Karathaa Basath Rehee Amaanaa ||	For the sake of your enemy, you commit sins, while you neglect the reality of your faith.	ਹੇ ਅੰਨ੍ਹੇ! (ਅੰਤ) ਵੈਰ ਕਮਾਣ ਵਾਲੀ (ਮਾਇਆ) ਦੀ ਖ਼ਾਤਰ ਤੂੰ (ਅਨੇਕਾਂ) ਪਾਪ ਕਰਦਾ ਰਹਿੰਦਾ ਹੈਂ, ਅਸਲ ਚੀਜ਼ (ਜੋ ਤੇਰੇ ਨਾਲ ਨਿਭਣੀ ਹੈ) ਲਾਂਭੇ ਹੀ ਪਈ ਰਹਿ ਜਾਂਦੀ ਹੈ।
18540	403	ਛੋਡਿ ਜਾਹਿ ਤਿਨ ਹੀ ਸਿਉ ਸੰਗੀ ਸਾਜਨ ਸਿਉ ਬੈਰਾਨਾ॥੩॥		Shhodd Jaahi Thin Hee Sio Sangee Saajan Sio Bairaanaa ||3||	Your friendship is with those who abandon you, and you are angry with your friends. ||3||	ਜਿਨ੍ਹਾਂ ਨੂੰ ਤੂੰ ਆਖ਼ਰ ਛੱਡ ਜਾਏਂਗਾ ਉਹਨਾਂ ਨਾਲ ਤੂੰ ਸਾਥ ਬਣਾਇਆ ਹੋਇਆ ਹੈ, ਹੇ ਮਿੱਤਰ (-ਪ੍ਰਭੂ) ਨਾਲ ਵੈਰ ਪਾਇਆ ਹੋਇਆ ਹੈ ॥੩॥
18541	403	ਸਗਲ ਸੰਸਾਰੁ ਇਹੈ ਬਿਧਿ ਬਿਆਪਿਓ ਸੋ ਉਬਰਿਓ ਜਿਸੁ ਗੁਰੁ ਪੂਰਾ॥		Sagal Sansaar Eihai Bidhh Biaapiou So Oubariou Jis Gur Pooraa ||	The entire world is entangled in this way; he alone is saved, who has the Perfect Guru.	ਸਾਰਾ ਸੰਸਾਰ ਇਸੇ ਤਰ੍ਹਾਂ ਮਾਇਆ ਦੇ ਜਾਲ ਵਿਚ ਫਸਿਆ ਹੋਇਆ ਹੈ, ਇਸ ਵਿਚੋਂ ਉਹੀ ਬਚ ਕੇ ਨਿਕਲਦਾ ਹੈ ਜਿਸ ਦਾ ਰਾਖਾ ਪੂਰਾ ਗੁਰੂ ਬਣਦਾ ਹੈ।

18542	403	ਕਹੁ ਨਾਨਕ ਭਵ ਸਾਗਰੁ ਤਰਿਓ ਭਏ ਪੁਨੀਤ ਸਰੀਰਾ॥੪॥੫॥੧੨੭॥		Kahu Naanak Bhav Saagar Thariou Bheae Puneeth Sareeraa ||4||5||127||	Says Nanak, I have crossed over the terrifying world-ocean; my body has become sanctified. ||4||5||127||	ਨਾਨਕ ਆਖਦਾ ਹੈ- ਐਸਾ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ਤੇ ਉਸ ਦਾ ਸਰੀਰ ਪਵਿਤ੍ਰ ਹੋ ਜਾਂਦਾ ਹੈ (ਵਿਕਾਰਾਂ ਦੀ ਮਾਰ ਤੋਂ ਬਚ ਜਾਂਦਾ ਹੈ) ॥੪॥੫॥੧੨੭॥
18543	403	ਆਸਾ ਮਹਲਾ ੫ ਦੁਪਦੇ॥		Aasaa Mehalaa 5 Dhupadhae ||	Aasaa, Fifth Mehl Dupadas:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ ਬੰਦਾ ਵਿਲੀ ਬਾਣੀ।
18544	403	ਲੂਕਿ ਕਮਾਨੋ ਸੋਈ ਤੁਮ ਪੇਖਿਓ ਮੂੜ ਮੁਗਧ ਮੁਕਰਾਨੀ॥	(ਮੁਕਰਾਨੀ) ਮੁੱਕਰਦੇ	Look Kamaano Soee Thumh Paekhiou Moorr Mugadhh Mukaraanee ||	O Lord, You behold whatever we do in secrecy; the fool may stubbornly deny it.	ਹੇ ਪ੍ਰਭੂ! ਜੇਹੜਾ ਜੇਹੜਾ (ਮੰਦਾ) ਕੰਮ ਮਨੁੱਖ ਲੁਕ ਕੇ (ਭੀ) ਕਰਦੇ ਹਨ ਤੂੰ ਵੇਖ ਲੈਂਦਾ ਹੈਂ, ਪਰ ਮੂਰਖ ਬੇ-ਸਮਝ ਮਨੁੱਖ (ਫਿਰ ਭੀ) ਮੁੱਕਰਦੇ ਹਨ।
18545	403	ਆਪ ਕਮਾਨੇ ਕਉ ਲੇ ਬਾਂਧੇ ਫਿਰਿ ਪਾਛੈ ਪਛੁਤਾਨੀ॥੧॥		Aap Kamaanae Ko Lae Baandhhae Fir Paashhai Pashhuthaanee ||1||	By his own actions, he is tied down, and in the end, he regrets and repents. ||1||	ਆਪਣੇ ਕੀਤੇ ਮੰਦ ਕਰਮਾਂ ਦਾ ਕਾਰਨ ਫੜੇ ਜਾਂਦੇ ਹਨ (ਤੇਰੀ ਹਜ਼ੂਰੀ ਵਿਚ ਉਹ ਵਿਕਾਰ ਉੱਘੜਨ ਤੇ) ਫਿਰ ਪਿਛੋਂ ਉਹ ਪਛੁਤਾਂਦੇ ਹਨ ॥੧॥
18546	403	ਪ੍ਰਭ ਮੇਰੇ ਸਭ ਬਿਧਿ ਆਗੈ ਜਾਨੀ॥		Prabh Maerae Sabh Bidhh Aagai Jaanee ||	My God knows, ahead of time, all things.	(ਹੇ ਮੂਰਖ ਮਨੁੱਖ! ਤੂੰ ਇਸ ਭੁਲੇਖੇ ਵਿਚ ਰਹਿੰਦਾ ਹੈਂ ਕਿ ਤੇਰੀਆਂ ਕਾਲੀਆਂ ਕਰਤੂਤਾਂ ਨੂੰ ਪਰਮਾਤਮਾ ਨਹੀਂ ਜਾਣਦਾ, ਪਰ) ਮੇਰਾ ਮਾਲਕ-ਪ੍ਰਭੂ ਤਾਂ ਤੇਰੀ ਹਰੇਕ ਕਰਤੂਤ ਨੂੰ ਸਭ ਤੋਂ ਪਹਿਲਾਂ ਜਾਣ ਲੈਂਦਾ ਹੈ।

18547	403	ਭ੍ਰਮ ਕੇ ਮੂਸੇ ਤੂੰ ਰਾਖਤ ਪਰਦਾ ਪਾਛੈ ਜੀਅ ਕੀ ਮਾਨੀ॥੧॥ਰਹਾਉ॥	(ਮੁੱਸੇ) ਲੁੱਟੇ। (ਜੀਅ) ਮਨ	Bhram Kae Moosae Thoon Raakhath Paradhaa Paashhai Jeea Kee Maanee ||1|| Rehaao ||	Deceived by doubt, you may hide your actions, but in the end, you shall have to confess the secrets of your mind. ||1||Pause||	ਹੇ ਭੁਲੇਖੇ ਵਿਚ ਆਤਮਕ ਜੀਵਨ ਲੁਟਾ ਰਹੇ ਜੀਵ! ਤੂੰ ਪਰਮਾਤਮਾ ਪਾਸੋਂ ਉਹਲਾ ਕਰਦਾ ਹੈਂ, ਤੇ, ਲੁਕ ਕੇ ਮਨ-ਮੰਨੀਆਂ ਕਰਦਾ ਹੈਂ ॥੧॥ ਰਹਾਉ ॥
18548	403	ਜਿਤੁ ਜਿਤੁ ਲਾਏ ਤਿਤੁ ਤਿਤੁ ਲਾਗੇ ਕਿਆ ਕੋ ਕਰੈ ਪਰਾਨੀ॥		Jith Jith Laaeae Thith Thith Laagae Kiaa Ko Karai Paraanee ||	Whatever they are attached to, they remain joined to that. What can any mere mortal do?	(ਪਰ ਜੀਵਾਂ ਦੇ ਭੀ ਕੀਹ ਵੱਸ?) ਜਿਸ ਜਿਸ ਪਾਸੇ ਪਰਮਾਤਮਾ ਜੀਵਾਂ ਨੂੰ ਲਾਂਦਾ ਹੈ ਉਧਰ ਉਧਰ ਉਹ ਵਿਚਾਰੇ ਲੱਗ ਪੈਂਦੇ ਹਨ। ਕੋਈ ਜੀਵ (ਪਰਮਾਤਮਾ ਦੀ ਪ੍ਰੇਰਨਾ ਅੱਗੇ) ਕੋਈ ਹੀਲ-ਹੁੱਜਤ ਨਹੀਂ ਕਰ ਸਕਦਾ।
18549	403	ਬਖਸਿ ਲੈਹੁ ਪਾਰਬ੍ਰਹਮ ਸੁਆਮੀ ਨਾਨਕ ਸਦ ਕੁਰਬਾਨੀ॥੨॥੬॥੧੨੮॥		Bakhas Laihu Paarabreham Suaamee Naanak Sadh Kurabaanee ||2||6||128||	Please, forgive me, O Supreme Lord Master. Nanak is forever a sacrifice to You. ||2||6||128||	ਨਾਨਕ ਆਖਦਾ ਹੈ- ਹੇ ਪਰਮਾਤਮਾ! ਹੇ ਜੀਵਾਂ ਦੇ ਖਸਮ! ਤੂੰ ਆਪ ਜੀਵਾਂ ਉਤੇ ਬਖ਼ਸ਼ਸ਼ ਕਰ, ਮੈਂ ਤੈਥੋਂ ਸਦਾ ਕੁਰਬਾਨ ਜਾਂਦਾ ਹਾਂ ॥੨॥੬॥੧੨੮॥
18550	403	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

18551	403	ਅਪੁਨੇ ਸੇਵਕ ਕੀ ਆਪੇ ਰਾਖੈ ਆਪੇ ਨਾਮੁ ਜਪਾਵੈ॥		Apunae Saevak Kee Aapae Raakhai Aapae Naam Japaavai ||	He Himself preserves His servants; He causes them to chant His Name.	ਪਰਮਾਤਮਾ ਆਪਣੇ ਸੇਵਕ ਦੀ ਆਪ ਹੀ (ਹਰ ਥਾਂ) ਇੱਜ਼ਤ ਰੱਖਦਾ ਹੈ, ਆਪ ਹੀ ਉਸ ਪਾਸੋਂ ਆਪਣੇ ਨਾਮ ਦਾ ਸਿਮਰਨ ਕਰਾਂਦਾ ਹੈ।
18552	403	ਜਹ ਜਹ ਕਾਜ ਕਿਰਤਿ ਸੇਵਕ ਕੀ ਤਹਾ ਤਹਾ ਉਠਿ ਧਾਵੈ॥੧॥		Jeh Jeh Kaaj Kirath Saevak Kee Thehaa Thehaa Outh Dhhaavai ||1||	Wherever the business and affairs of His servants are, there the Lord hurries to be. ||1||	ਸੇਵਕ ਨੂੰ ਜਿਥੇ ਜਿਥੇ ਕੋਈ ਕੰਮ-ਕਾਰ ਪਏ, ਉਥੇ ਉਥੇ ਪਰਮਾਤਮਾ (ਉਸ ਦਾ ਕੰਮ ਸਵਾਰਨ ਲਈ) ਉਸੇ ਵੇਲੇ ਜਾ ਪਹੁੰਚਦਾ ਹੈ ॥੧॥
18553	403	ਸੇਵਕ ਕਉ ਨਿਕਟੀ ਹੋਇ ਦਿਖਾਵੈ॥	(ਨਿਕਟੀ) ਅੰਗ ਸੰਗ	Saevak Ko Nikattee Hoe Dhikhaavai ||	The Lord appears near at hand to His servant.	ਪਰਮਾਤਮਾ ਆਪਣੇ ਸੇਵਕ ਨੂੰ (ਉਸ ਦਾ) ਨਿਕਟ-ਵਰਤੀ ਹੋ ਕੇ ਵਿਖਾ ਦੇਂਦਾ ਹੈ (ਪਰਮਾਤਮਾ ਆਪਣੇ ਸੇਵਕ ਨੂੰ ਵਿਖਾ ਦੇਂਦਾ ਹੈ ਕਿ ਮੈਂ ਹਰ ਵੇਲੇ ਤੇਰੇ ਅੰਗ-ਸੰਗ ਰਹਿੰਦਾ ਹਾਂ, ਕਿਉਂਕਿ),
18554	403	ਜੋ ਜੋ ਕਹੈ ਠਾਕੁਰ ਪਹਿ ਸੇਵਕੁ ਤਤਕਾਲ ਹੋਇ ਆਵੈ॥੧॥ਰਹਾਉ॥	(ਤਤਕਾਲ) ਤੁਰੰਤ	Jo Jo Kehai Thaakur Pehi Saevak Thathakaal Hoe Aavai ||1|| Rehaao ||	Whatever the servant asks of his Lord and Master, immediately comes to pass. ||1||Pause||	ਜੋ ਕੁਝ ਸੇਵਕ ਪਰਮਾਤਮਾ ਪਾਸੋਂ ਮੰਗਦਾ ਹੈ ਉਹ ਮੰਗ ਉਸੇ ਵੇਲੇ ਪੂਰੀ ਹੋ ਜਾਂਦੀ ਹੈ ॥੧॥ ਰਹਾਉ ॥

18555	403	ਤਿਸੁ ਸੇਵਕ ਕੈ ਹਉ ਬਲਿਹਾਰੀ ਜੋ ਅਪਨੇ ਪ੍ਰਭ ਭਾਵੈ॥		This Saevak Kai Ho Balihaaree Jo Apanae Prabh Bhaavai ||	I am a sacrifice to that servant, who is pleasing to his God.	ਹੇ ਨਾਨਕ! (ਆਖ-) ਜੇਹੜਾ ਸੇਵਕ ਆਪਣੇ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ ਮੈਂ ਉਸ ਤੋਂ ਕੁਰਬਾਨ ਜਾਂਦਾ ਹਾਂ।
18556	403	ਤਿਸ ਕੀ ਸੋਇ ਸੁਣੀ ਮਨੁ ਹਰਿਆ ਤਿਸੁ ਨਾਨਕ ਪਰਸਣਿ ਆਵੈ॥੨॥੭॥੧੨੯॥	(ਸੋਇ) ਸੋਭਾ। ਚਰਨ (ਪਰਸਣਿ) ਛੁਹਣ	This Kee Soe Sunee Man Hariaa This Naanak Parasan Aavai ||2||7||129||	Hearing of his glory, the mind is rejuvenated; Nanak comes to touch his feet. ||2||7||129||	ਉਸ (ਸੇਵਕ) ਦੀ ਸੋਭਾ ਸੁਣ ਕੇ (ਸੁਣਨ ਵਾਲੇ ਦਾ) ਮਨ ਖਿੜ ਆਉਂਦਾ ਹੈ (ਆਤਮਕ ਜੀਵਨ ਨਾਲ ਭਰਪੂਰ ਹੋ ਜਾਂਦਾ ਹੈ ਤੇ ਉਹ) ਉਸ ਸੇਵਕ ਦੇ ਚਰਨ ਛੁਹਣ ਲਈ ਆਉਂਦਾ ਹੈ ॥੨॥੭॥੧੨੯॥
18557	403	ਆਸਾ ਘਰੁ ੧੧ ਮਹਲਾ ੫		Aasaa Ghar 11 Mehalaa 5	Aasaa, Eleventh House, Fifth Mehl:	ਰਾਗ ਆਸਾ, ਘਰ ੧੧ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18558	403	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

18559	403	ਨਟੂਆ ਭੇਖ ਦਿਖਾਵੈ ਬਹੁ ਬਿਧਿ ਜੈਸਾ ਹੈ ਓਹੁ ਤੈਸਾ ਰੇ॥	(ਨਟੂਆ) ਸਾਂਗੀ	Nattooaa Bhaekh Dhikhaavai Bahu Bidhh Jaisaa Hai Ouhu Thaisaa Rae ||	The actor displays himself in many disguises, but he remains just as he is.	ਬਹੁ-ਰੂਪੀਆ ਕਈ ਕਿਸਮ ਦੇ ਸਾਂਗ (ਬਣਾ ਕੇ ਲੋਕਾਂ ਨੂੰ) ਵਿਖਾਂਦਾ ਹੈ (ਪਰ ਆਪਣੇ ਅੰਦਰੋਂ) ਉਹ ਜਿਹੋ ਜਿਹਾ ਹੁੰਦਾ ਹੈ ਉਹੋ ਜਿਹਾ ਹੀ ਰਹਿੰਦਾ ਹੈ (ਜੇ ਉਹ ਰਾਜਿਆਂ ਰਾਣਿਆਂ ਦੇ ਸਾਂਗ ਭੀ ਬਣਾ ਵਿਖਾਏ ਤਾਂ ਭੀ ਉਹ ਕੰਗਾਲ ਦਾ ਕੰਗਾਲ ਹੀ ਰਹਿੰਦਾ ਹੈ)।
18560	403	ਅਨਿਕ ਜੋਨਿ ਭ੍ਰਮਿਓ ਭ੍ਰਮ ਭੀਤਰਿ ਸੁਖਹਿ ਨਾਹੀ ਪਰਵੇਸਾ ਰੇ॥੧॥		Anik Jon Bhramiou Bhram Bheethar Sukhehi Naahee Paravaesaa Rae ||1||	The soul wanders through countless incarnations in doubt, but it does not come to dwell in peace. ||1||	ਇਸੇ ਤਰ੍ਹਾਂ ਜੀਵ (ਮਾਇਆ ਦੀ) ਭਟਕਣਾ ਵਿਚ ਫਸ ਕੇ ਅਨੇਕਾਂ ਜੂਨਾਂ ਵਿਚ ਭੌਂਦਾ ਫਿਰਦਾ ਹੈ (ਅੰਤਰ-ਆਤਮੇ ਸਦਾ ਦੁੱਖੀ ਹੀ ਰਹਿੰਦਾ ਹੈ) ਸੁਖ ਵਿਚ ਉਸ ਦਾ ਪਰਵੇਸ਼ ਨਹੀਂ ਹੁੰਦਾ ॥੧॥
18561	404	ਸਾਜਨ ਸੰਤ ਹਮਾਰੇ ਮੀਤਾ ਬਿਨੁ ਹਰਿ ਹਰਿ ਆਨੀਤਾ ਰੇ॥	(ਆ-ਨੀਤਾ)ਨਾਸਵੰਤ	Saajan Santh Hamaarae Meethaa Bin Har Har Aaneethaa Rae ||	O Saints, my friends and companions, without the Lord, Har, Har, you shall perish.	ਹੇ ਸੰਤ ਜਨੋ! ਹੇ ਸੱਜਣੋ! ਹੇ ਮੇਰੇ ਮਿਤਰੋ! (ਜਗਤ ਵਿਚ ਜੋ ਕੁਝ ਭੀ ਦਿੱਸ ਰਿਹਾ ਹੈ) ਪਰਮਾਤਮਾ ਤੋਂ ਬਿਨਾ ਹੋਰ ਸਭ ਕੁਝ ਨਾਸਵੰਤ ਹੈ (ਦਿੱਸਦੇ ਪਸਾਰੇ ਨਾਲ ਮੋਹ ਪਾਇਆਂ ਦੁੱਖ ਹੀ ਪ੍ਰਾਪਤ ਹੋਵੇਗਾ)।

18562	404	ਸਾਧਸੰਗਿ ਮਿਲਿ ਹਰਿ ਗੁਣ ਗਾਏ ਇਹੁ ਜਨਮੁ ਪਦਾਰਥੁ ਜੀਤਾ ਰੇ॥੧॥ਰਹਾਉ॥		Saadhhasang Mil Har Gun Gaaeae Eihu Janam Padhaarathh Jeethaa Rae ||1|| Rehaao ||	Joining the Saadh Sangat, the Company of the Holy, sing the Glorious Praises of the Lord, and win this precious treasure of human life. ||1||Pause||	ਜਿਸ ਮਨੁੱਖ ਨੇ ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੇ ਗੁਣ ਗਾਣੇ ਸ਼ੁਰੂ ਕਰ ਦਿੱਤੇ, ਉਸ ਨੇ ਇਹ ਕੀਮਤੀ ਮਨੁੱਖਾ ਜਨਮ ਜਿੱਤ ਲਿਆ (ਸਫਲ ਕਰ ਲਿਆ) ॥੧॥ ਰਹਾਉ ॥
18563	404	ਤ੍ਰੈ ਗੁਣ ਮਾਇਆ ਬ੍ਰਹਮ ਕੀ ਕੀਨ੍ਹੀ ਕਹਹੁ ਕਵਨ ਬਿਧਿ ਤਰੀਐ ਰੇ॥		Thrai Gun Maaeiaa Breham Kee Keenhee Kehahu Kavan Bidhh Thareeai Rae ||	God has created Maya of the three qualities; tell me, how can it be crossed over?	ਪਰਮਾਤਮਾ ਦੀ ਪੈਦਾ ਕੀਤੀ ਹੋਈ ਇਹ ਤ੍ਰਿ-ਗੁਣੀ ਮਾਇਆ (ਮਾਨੋ, ਇਕ ਸਮੁੰਦਰ ਹੈ, ਇਸ ਵਿਚੋਂ) ਦੱਸੋ, ਕਿਸ ਤਰ੍ਹਾਂ ਪਾਰ ਲੰਘ ਸਕੀਏ?
18564	404	ਘੂਮਨਘੇਰ ਅਗਾਹ ਗਾਖਰੀ ਗੁਰ ਸਬਦੀ ਪਾਰਿ ਉਤਰੀਐ ਰੇ॥੨॥	(ਅਗਾਹ) ਬੇਅੰਤ। (ਗੱਖਰੀ)ਕਠਨ। ਉੱਤਰੀ-ਐ	Ghooman Ghaer Agaah Gaakharee Gur Sabadhee Paar Outhareeai Rae ||2||	The whirlpool is awesome and unfathomable; only through the Word of the Guru's Shabad is one carried across. ||2||	(ਇਸ ਵਿਚ ਅਨੇਕਾਂ ਵਿਕਾਰਾਂ ਦੀਆਂ) ਘੁੰਮਣ ਘੇਰੀਆਂ ਪੈ ਰਹੀਆਂ ਹਨ ਇਹ ਅਥਾਹ ਹੈ, ਇਸ ਵਿਚੋਂ ਪਾਰ ਲੰਘਣਾ ਬਹੁਤ ਔਖਾ ਹੈ। (ਹਾਂ, ਹੇ ਭਾਈ!) ਗੁਰੂ ਦੇ ਸ਼ਬਦ ਦੀ ਰਾਹੀਂ ਹੀ ਇਸ ਵਿਚੋਂ ਪਾਰ ਲੰਘ ਸਕੀਦਾ ਹੈ ॥੨॥
18565	404	ਖੋਜਤ ਖੋਜਤ ਖੋਜਿ ਬੀਚਾਰਿਓ ਤਤੁ ਨਾਨਕ ਇਹੁ ਜਾਨਾ ਰੇ॥		Khojath Khojath Khoj Beechaariou Thath Naanak Eihu Jaanaa Rae ||	Searching and searching endlessly, seeking and deliberating, Nanak has realized the true essence of reality.	ਹੇ ਨਾਨਕ! ਜਿਸ ਮਨੁੱਖ ਨੇ (ਸਾਧ ਸੰਗਤਿ ਵਿਚ ਮਿਲ ਕੇ) ਖੋਜ ਕਰਦਿਆਂ ਵਿਚਾਰ ਕੀਤੀ ਉਸ ਨੇ ਇਹ ਅਸਲੀਅਤ ਸਮਝ ਲਈ ਕਿ ਪਰਮਾਤਮਾ ਦਾ ਨਾਮ ਜੋ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ,

18566	404	ਸਿਮਰਤ ਨਾਮੁ ਨਿਧਾਨੁ ਨਿਰਮੋਲਕੁ ਮਨੁ ਮਾਣਕੁ ਪਤੀਆਨਾ ਰੇ॥੩॥੧॥੧੩੦॥	ਪਤੀ-ਆਨਾ	Simarath Naam Nidhhaan Niramolak Man Maanak Patheeaanaa Rae ||3||1||130||	Meditating on the invaluable treasure of the Naam, the Name of the Lord, the jewel of the mind is satisfied. ||3||1||130||	ਜਿਸ ਦੇ ਬਰਾਬਰ ਦੇ ਮੁੱਲ ਦੀ ਹੋਰ ਕੋਈ ਸ਼ੈ ਨਹੀਂ, ਸਿਮਰਿਆ ਮਨ ਮੋਤੀ (ਵਰਗਾ ਕੀਮਤੀ) ਬਣ ਜਾਂਦਾ ਹੈ (ਤੇ ਪਰਮਾਤਮਾ ਦੇ ਸਿਮਰਨ ਵਿਚ) ਗਿੱਝ ਜਾਂਦਾ ਹੈ ॥੩॥੧॥੧੩੦॥
18567	404	ਆਸਾ ਮਹਲਾ ੫ ਦੁਪਦੇ॥	ਦੁ-ਪਦੇ	Aasaa Mehalaa 5 Dhupadhae ||	Aasaa, Fifth Mehl, Dupadas:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ ਬੰਦਾਂ ਵਾਲੀ ਬਾਣੀ।
18568	404	ਗੁਰ ਪਰਸਾਦਿ ਮੇਰੈ ਮਨਿ ਵਸਿਆ ਜੋ ਮਾਗਉ ਸੋ ਪਾਵਉ ਰੇ॥		Gur Parasaadh Maerai Man Vasiaa Jo Maago So Paavo Rae ||	By Guru's Grace, He dwells within my mind; whatever I ask for, I receive.	ਜਦੋਂ ਗੁਰੂ ਦੇ ਕਿਰਪਾ ਨਾਲ ਮੇਰਾ ਉਹ ਮਾਲਕ-ਪ੍ਰਭੂ ਮੇਰੇ ਮਨ ਵਿਚ ਆ ਵੱਸਿਆ ਹੈ ਤਦੋਂ ਤੋਂ ਮੈਂ (ਉਸ ਪਾਸੋਂ) ਜੋ ਕੁਝ ਮੰਗਦਾ ਹਾਂ ਉਹੀ ਪ੍ਰਾਪਤ ਕਰ ਲੈਂਦਾ ਹਾਂ।
18569	404	ਨਾਮ ਰੰਗਿ ਇਹੁ ਮਨੁ ਤ੍ਰਿਪਤਾਨਾ ਬਹੁਰਿ ਨ ਕਤਹੂੰ ਧਾਵਉ ਰੇ॥੧॥	(ਧਾਵਉ) ਦੌੜਦਾ	Naam Rang Eihu Man Thripathaanaa Bahur N Kathehoon Dhhaavo Rae ||1||	This mind is satisfied with the Love of the Naam, the Name of the Lord; it does not go out, anywhere, anymore. ||1||	(ਮੇਰੇ ਮਾਲਕ-ਪ੍ਰਭੂ ਦੇ) ਨਾਮ ਦੇ ਪ੍ਰੇਮ-ਰੰਗ ਨਾਲ ਮੇਰਾ ਇਹ ਮਨ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਚੁਕਾ ਹੈ (ਤਦੋਂ ਤੋਂ) ਮੈਂ ਮੁੜ ਕਿਸੇ ਹੋਰ ਪਾਸੇ ਭਟਕਦਾ ਨਹੀਂ ਫਿਰਦਾ ॥੧॥

18570	404	ਹਮਰਾ ਠਾਕੁਰੁ ਸਭ ਤੇ ਊਚਾ ਰੈਣਿ ਦਿਨਸੁ ਤਿਸੁ ਗਾਵਉ ਰੇ॥		Hamaraa Thaakur Sabh Thae Oochaa Rain Dhinas This Gaavo Rae ||	My Lord and Master is the highest of all; night and day, I sing the Glories of His Praises.	ਹੇ ਮੇਰੇ ਮਨ! ਮੇਰਾ ਮਾਲਕ-ਪ੍ਰਭੂ ਸਭ ਨਾਲੋਂ ਉੱਚਾ ਹੈ, ਮੈਂ ਰਾਤ ਦਿਨ ਉਸ ਦੀ (ਹੀ) ਸਿਫ਼ਤ-ਸਾਲਾਹ ਕਰਦਾ ਰਹਿੰਦਾ ਹਾਂ।
18571	404	ਖਿਨ ਮਹਿ ਥਾਪਿ ਉਥਾਪਨਹਾਰਾ ਤਿਸ ਤੇ ਤੁਝਹਿ ਡਰਾਵਉ ਰੇ॥੧॥ਰਹਾਉ॥		Khin Mehi Thhaap Outhhaapanehaara a This Thae Thujhehi Ddaraavo Rae ||1|| Rehaao ||	In an instant, He establishes and disestablishes; through Him, I frighten you. ||1||Pause||	ਮੇਰਾ ਉਹ ਮਾਲਕ ਇਕ ਖਿਨ ਵਿਚ ਪੈਦਾ ਕਰ ਕੇ ਨਾਸ ਕਰਨ ਦੀ ਭੀ ਤਾਕਤ ਰੱਖਣ ਵਾਲਾ ਹੈ। ਮੈਂ, (ਹੇ ਮਨ!) ਤੈਨੂੰ ਉਸ ਦੇ ਡਰ-ਅਦਬ ਵਿਚ ਰੱਖਣਾ ਚਾਹੁੰਦਾ ਹਾਂ ॥੧॥ ਰਹਾਉ ॥
18572	404	ਜਬ ਦੇਖਉ ਪ੍ਰਭੁ ਅਪੁਨਾ ਸੁਆਮੀ ਤਉ ਅਵਰਹਿ ਚੀਤਿ ਨ ਪਾਵਉ ਰੇ॥	(ਪਾਵਉ) ਟਿਕਾਉਂਦਾ	Jab Dhaekho Prabh Apunaa Suaamee Tho Avarehi Cheeth N Paavo Rae ||	When I behold my God, my Lord and Master, I do not pay any attention to any other.	ਜਦੋਂ ਮੈਂ ਆਪਣੇ ਖਸਮ-ਪ੍ਰਭੂ ਨੂੰ (ਆਪਣੇ ਅੰਦਰ ਵੱਸਦਾ) ਵੇਖ ਲੈਂਦਾ ਹਾਂ ਤਦੋਂ ਮੈਂ ਕਿਸੇ ਹੋਰ (ਓਟ ਆਸਰੇ) ਨੂੰ ਆਪਣੇ ਚਿੱਤ ਵਿਚ ਥਾਂ ਨਹੀਂ ਦੇਂਦਾ।

18573	404	ਨਾਨਕੁ ਦਾਸੁ ਪ੍ਰਭਿ ਆਪਿ ਪਹਿਰਾਇਆ ਭ੍ਰਮੁ ਭਉ ਮੇਟਿ ਲਿਖਾਵਉ ਰੇ॥੨॥੨॥੧੩੧॥	(ਪਹਿ-ਰਾਇਆ) ਨਿਵਾਜਿਆ	Naanak Dhaas Prabh Aap Pehiraaeiaa Bhram Bho Maett Likhaavo Rae ||2||2||131||	God Himself has adorned servant Nanak; his doubts and fears have been dispelled, and he writes the account of the Lord. ||2||2||131||	ਜਦੋਂ ਤੋਂ ਪ੍ਰਭੂ ਨੇ ਆਪਣੇ ਦਾਸ ਨਾਨਕ ਨੂੰ ਆਪ ਨਿਵਾਜਿਆ ਹੈ ਤਦੋਂ ਤੋਂ ਮੈਂ ਹੋਰ ਹਰੇਕ ਕਿਸਮ ਦਾ ਡਰ ਭਟਕਣਾ ਦੂਰ ਕਰ ਕੇ (ਆਪਣੇ ਚਿੱਤ ਵਿਚ ਸਿਰਫ਼ ਪਰਮਾਤਮਾ ਦੇ ਨਾਮ ਨੂੰ) ਉੱਕਰਦਾ ਰਹਿੰਦਾ ਹਾਂ ॥੨॥੨॥੧੩੧॥
18574	404	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18575	404	ਚਾਰਿ ਬਰਨ ਚਉਹਾ ਕੇ ਮਰਦਨ ਖਟੁ ਦਰਸਨ ਕਰ ਤਲੀ ਰੇ॥	(ਚਾਰਿ ਬਰਨ) ਬ੍ਰਹਮਣ, ਖਤ੍ਰੀ, ਸ਼ੂਦ੍ਰ, ਵੈਸ। (ਮਰਦਨ) ਬਹਾਦਰ। (ਕਰ) ਹੱਥ ਦੀ ਤਲ਼ੀ ਤੇ ਭਾਵ ਵਸੀਕਾਰ। ਤਲੀ: ਪੋਲਾ ਬੋਲੋ	Chaar Baran Chouhaa Kae Maradhan Khatt Dharasan Kar Thalee Rae ||	The four castes and social classes, and the preachers with the six Shaastras on their finger-tips,	(ਸਾਡੇ ਦੇਸ ਵਿਚ ਬ੍ਰਾਹਮਣ, ਖੱਤਰੀ, ਵੈਸ਼, ਸ਼ੂਦਰ ਇਹ) ਚਾਰ ਵਰਨ (ਪ੍ਰਸਿੱਧ) ਹਨ, (ਕਾਮਾਦਿਕ ਇਹਨਾਂ) ਚੌਹਾਂ ਵਰਨਾਂ (ਦੇ ਬੰਦਿਆਂ) ਨੂੰ ਮਲ ਦੇਣ ਵਾਲੇ ਹਨ। ਛੇ ਭੇਖਾਂ (ਦੇ ਸਾਧੂਆਂ) ਨੂੰ ਭੀ ਇਹ ਹੱਥਾਂ ਦੀ ਤਲੀਆਂ ਤੇ (ਨਚਾਂਦੇ ਹਨ)।
18576	404	ਸੁੰਦਰ ਸੁਘਰ ਸਰੂਪ ਸਿਆਨੇ ਪੰਚਹੁ ਹੀ ਮੋਹਿ ਛਲੀ ਰੇ॥੧॥	(ਪੰਚਹੁ) ਪੰਜ ਕਾਮਾਦਿ। ਸੁਘਰ ਛਲੀ: ਪੋਲੇ ਬੋਲੋ	Sundhar Sughar Saroop Siaanae Panchahu Hee Mohi Shhalee Rae ||1||	The beautiful, the refined, the shapely and the wise - the five passions have enticed and beguiled them all. ||1||	ਸੋਹਣੇ, ਸੁਨੱਖੇ, ਬਾਂਕੇ, ਸਿਆਣੇ (ਕੋਈ ਭੀ ਹੋਣ, ਕਾਮਾਦਿਕ) ਪੰਜਾਂ ਨੇ ਸਭਨਾਂ ਨੂੰ ਮੋਹ ਕੇ ਛਲ ਲਿਆ ਹੈ ॥੧॥

18577	404	ਜਿਨਿ ਮਿਲਿ ਮਾਰੇ ਪੰਚ ਸੂਰਬੀਰ ਐਸੋ ਕਉਨੁ ਬਲੀ ਰੇ॥	(ਬਲੀ) ਬਲਵਾਨ	Jin Mil Maarae Panch Soorabeer Aiso Koun Balee Rae ||	Who has seized and conquered the five powerful fighters? Is there anyone strong enough?	ਕੋਈ ਵਿਰਲਾ ਹੀ ਐਸਾ ਬਲਵਾਨ ਮਨੁੱਖ ਹੈ ਜਿਸ ਨੇ (ਗੁਰੂ ਨੂੰ) ਮਿਲ ਕੇ ਕਾਮਾਦਿਕ ਪੰਜਾਂ ਸੂਰਮਿਆਂ ਨੂੰ ਮਾਰ ਲਿਆ ਹੋਵੇ।
18578	404	ਜਿਨਿ ਪੰਚ ਮਾਰਿ ਬਿਦਾਰਿ ਗੁਦਾਰੇ ਸੋ ਪੂਰਾ ਇਹ ਕਲੀ ਰੇ॥੧॥ਰਹਾਉ॥	(ਬਿਦਾਰਿ) ਨਾਸ ਕਰਕੇ (ਗੁਦਾਰੇ) ਮੁਕਾ ਦਿੱਤੇ। (ਕਲੀ) ਕਲਜੁੱਗ ਚ	Jin Panch Maar Bidhaar Gudhaarae So Pooraa Eih Kalee Rae ||1|| Rehaao ||	He alone, who conquers and defeats the five demons, is perfect in this Dark Age of Kali Yuga. ||1||Pause||	ਜਗਤ ਵਿਚ ਉਹੀ ਮਨੁੱਖ ਪੂਰਨ ਹੈ ਜਿਸ ਨੇ ਇਹਨਾਂ ਪੰਜਾਂ ਨੂੰ ਮਾਰ ਕੇ ਲੀਰਾਂ ਲੀਰਾਂ ਕਰ ਦਿੱਤਾ ਹੈ ॥੧॥ ਰਹਾਉ ॥
18579	404	ਵਡੀ ਕੋਮ ਵਸਿ ਭਾਗਹਿ ਨਾਹੀ ਮੁਹਕਮ ਫਉਜ ਹਠਲੀ ਰੇ॥	(ਮੁਹ-ਕਮ) ਮਜ਼ਬੂਤ। (ਹ-ਠਲੀ) ਹਠ ਵਾਲੀ। ਵੱਸਿ	Vaddee Kom Vas Bhaagehi Naahee Muhakam Fouj Hathalee Rae ||	They are so awesome and great; they cannot be controlled, and they do not run away. Their army is mighty and unyielding.	(ਇਹਨਾਂ ਕਾਮਾਦਿਕਾਂ ਦਾ ਬੜਾ) ਡਾਢਾ ਕੋੜਮਾ ਹੈ, ਨਾਹ ਇਹ ਕਿਸੇ ਦੇ ਕਾਬੂ ਵਿਚ ਆਉਂਦੇ ਹਨ ਨਾਹ ਇਹ ਕਿਸੇ ਪਾਸੋਂ ਡਰ ਕੇ ਭੱਜਦੇ ਹਨ; ਇਹਨਾਂ ਦੀ ਫ਼ੌਜ ਬੜੀ ਮਜ਼ਬੂਤ ਹੈ, ਹਠ ਵਾਲੀ ਹੈ।
18580	404	ਕਹੁ ਨਾਨਕ ਤਿਨਿ ਜਨਿ ਨਿਰਦਲਿਆ ਸਾਧਸੰਗਤਿ ਕੈ ਝਲੀ ਰੇ॥੨॥੩॥੧੩੨॥	(ਕੈ) ਦੇਵਿੱਚ।(ਝੱਲੀ) ਆਸਰੇ। ਗੁਰੂ ਜੀਦੀ ਆਗਿਆ, ਹੱਸ ੨ ਕੇ ਸਿਰ ਮੱਥੇ ਤੇ (ਝੱਲੀ)। (ਨਿਰ-ਦਲਿਆ) ਚੰਗੀ ਤਰਾਂ ਨਾਸ ਕੀਤਾ	Kahu Naanak Thin Jan Niradhaliaa Saadhhasangath Kai Jhalee Rae ||2||3||132||	Says Nanak, that humble being who is under the protection of the Saadh Sangat, crushes those terrible demons. ||2||3||132||	ਨਾਨਕ ਆਖ! ਸਿਰਫ਼ ਉਸ ਮਨੁੱਖ ਨੇ ਇਹਨਾਂ ਨੂੰ ਚੰਗੀ ਤਰ੍ਹਾਂ ਲਤਾੜਿਆ ਹੈ ਜੇਹੜਾ ਸਾਧ ਸੰਗਤਿ ਦੇ ਆਸਰੇ ਵਿਚ ਰਹਿੰਦਾ ਹੈ ॥੨॥੩॥੧੩੨॥

18581	404	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18582	404	ਨੀਕੀ ਜੀਅ ਕੀ ਹਰਿ ਕਥਾ ਊਤਮ ਆਨ ਸਗਲ ਰਸ ਫੀਕੀ ਰੇ॥੧॥ਰਹਾਉ॥	(ਨੀਕੀ) ਚੰਗੀ	Neekee Jeea Kee Har Kathhaa Ootham Aan Sagal Ras Feekee Rae ||1|| Rehaao ||	The Sublime Sermon of the Lord is the best thing for the soul. All other tastes are insipid. ||1||Pause||	ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਗੱਲ ਜਿੰਦ ਵਾਸਤੇ ਇਹ ਸ੍ਰੇਸ਼ਟ ਤੇ ਸੋਹਣੀ ਚੀਜ਼ ਹੈ। (ਦੁਨੀਆ ਦੇ) ਹੋਰ ਸਾਰੇ ਪਰਾਰਥਾਂ ਦੇ ਸੁਆਦ (ਇਸ ਦੇ ਟਾਕਰੇ ਤੇ) ਫਿੱਕੇ ਹਨ ॥੧॥ ਰਹਾਉ ॥
18583	404	ਬਹੁ ਗੁਨਿ ਧੁਨਿ ਮੁਨਿ ਜਨ ਖਟੁ ਬੇਤੇ ਅਵਰੁ ਨ ਕਿਛੁ ਲਾਈਕੀ ਰੇ॥੧॥	(ਖਟੁ) ਛੇ ਸ਼ਾਸਤ੍ਰਾਂ ਦੇ (ਬੇਤੇ) ਜਾਣਕਾਰ। (ਲਾਈ-ਕੀ) ਲਾਭਦਾਇਕ	Bahu Gun Dhhun Mun Jan Khatt Baethae Avar N Kishh Laaeekee Rae ||1||	The worthy beings, heavenly singers, silent sages and the knowers of the six Shaastras proclaim that nothing else is worthy of consideration. ||1||	ਇਹ ਹਰਿ-ਕਥਾ ਬਹੁਤ ਗੁਣਾਂ ਵਾਲੀ ਹੈ (ਜੀਵ ਦੇ ਅੰਦਰ ਗੁਣ ਪੈਦਾ ਕਰਨ ਵਾਲੀ ਹੈ) ਮਿਠਾਸ-ਭਰੀ ਹੈ, ਛੇ ਸ਼ਾਸਤਰਾਂ ਨੂੰ ਜਾਣਨ ਵਾਲੇ ਰਿਸ਼ੀ ਲੋਕ (ਹੀ ਹਰਿ-ਕਥਾ ਤੋਂ ਬਿਨਾ) ਕਿਸੇ ਹੋਰ ਉੱਦਮ ਨੂੰ (ਜਿੰਦ ਵਾਸਤੇ) ਲਾਭਦਾਇਕ ਨਹੀਂ ਮੰਨਦੇ ॥੧॥
18584	404	ਬਿਖਾਰੀ ਨਿਰਾਰੀ ਅਪਾਰੀ ਸਹਜਾਰੀ ਸਾਧਸੰਗਿ ਨਾਨਕ ਪੀਕੀ ਰੇ॥੨॥੪॥੧੩੩॥	(ਬਿਖਾਰੀ) ਵਿਸ਼ੇ ਕੱਟਣ ਵਾਲੀ। (ਨਿਰਾਰੀ) ਨਿਰਾਲੀ। (ਅਪਾਰੀ) ਬੇਅੰਤ (ਸਹਜਾਰੀ) ਸਹਜ ਅਵਸਥਾ ਬਖਸ਼ਣ ਵਾਲੀ। (ਪੀਕੀ)ਪੀਤੀ ਜਾਂਦੀ ਹੈ	Bikhaaree Niraaree Apaaree Sehajaaree Saadhhasang Naanak Peekee Rae ||2||4||133||	It is the cure for evil passions, unique, unequalled and peace-giving; in the Saadh Sangat, the Company of the Holy, O Nanak, drink it in. ||2||4||133||	ਇਹ ਹਰਿ-ਕਥਾ (ਮਾਨੋ, ਅੰਮ੍ਰਿਤ ਦੀ ਧਾਰ ਹੈ ਜੋ) ਵਿਸ਼ਿਆਂ ਦੇ ਜ਼ਹਰ ਦੇ ਅਸਰ ਨੂੰ ਨਾਸ ਕਰਦੀ ਹੈ, ਅਨੋਖੇ ਸੁਆਦ ਵਾਲੀ ਹੈ, ਅਕੱਥ ਹੈ, ਆਤਮਕ ਅਡੋਲਤਾ ਪੈਦਾ ਕਰਦੀ ਹੈ। ਹੇ ਨਾਨਕ! (ਇਹ ਹਰਿ-ਕਥਾ, ਇਹ ਅੰਮ੍ਰਿਤ ਦੀ ਧਾਰ) ਸਾਧ ਸੰਗਤਿ ਵਿਚ (ਟਿਕ ਕੇ ਹੀ) ਪੀਤੀ ਜਾ ਸਕਦੀ ਹੈ ॥੨॥੪॥੧੩੩॥

18585	404	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18586	404	ਹਮਾਰੀ ਪਿਆਰੀ ਅੰਮ੍ਰਿਤਧਾਰੀ ਗੁਰਿ ਨਿਮਖ ਨ ਮਨ ਤੇ ਟਾਰੀ ਰੇ॥੧॥ਰਹਾਉ॥	(ਟਾਰੀ) ਟਾਲ਼ੀ। ਅੰਮ-ਤ੍ਰਿਧਾਰੀ	Hamaaree Piaaree Anmrith Dhhaaree Gur Nimakh N Man Thae Ttaaree Rae ||1|| Rehaao ||	My Beloved has brought forth a river of nectar. The Guru has not held it back from my mind, even for an instant. ||1||Pause||	ਗੁਰੂ ਨੇ (ਕਿਰਪਾ ਕਰ ਕੇ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੀ ਆਪਣੀ ਬਾਣੀ) ਅੱਖ ਝਮਕਣ ਜਿਤਨੇ ਸਮੇ ਵਾਸਤੇ ਭੀ ਕਦੇ ਮੇਰੇ ਮਨ ਤੋਂ ਭੁੱਲਣ ਨਹੀਂ ਦਿੱਤੀ, ਇਹ ਬਾਣੀ ਮੈਨੂੰ ਮਿੱਠੀ ਲੱਗਦੀ ਹੈ, ਇਹ ਬਾਣੀ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ ਧਾਰ ਮੇਰੇ ਅੰਦਰ ਜਾਰੀ ਰੱਖਦੀ ਹੈ ॥੧॥ ਰਹਾਉ ॥
18587	404	ਦਰਸਨ ਪਰਸਨ ਸਰਸਨ ਹਰਸਨ ਰੰਗਿ ਰੰਗੀ ਕਰਤਾਰੀ ਰੇ॥੧॥	(ਸਰਸਨ) ਖਿੜਾਉ। (ਹਰਸਨ) ਅਨੰਦ	Dharasan Parasan Sarasan Harasan Rang Rangee Karathaaree Rae ||1||	Beholding it, and touching it, I am sweetened and delighted. It is imbued with the Creator's Love. ||1||	ਇਹ ਬਾਣੀ ਕਰਤਾਰ ਦੇ ਪ੍ਰੇਮ ਵਿਚ ਰੰਗਣ ਵਾਲੀ ਹੈ, ਇਸ ਦੀ ਬਰਕਤਿ ਨਾਲ ਕਰਤਾਰ ਦਾ ਦਰਸਨ ਹੁੰਦਾ ਹੈ ਕਰਤਾਰ ਦੇ ਚਰਨਾਂ ਦੀ ਛੋਹ ਮਿਲਦੀ ਹੈ ਮਨ ਵਿਚ ਆਨੰਦ ਤੇ ਖਿੜਾਉ ਪੈਦਾ ਹੁੰਦਾ ਹੈ ॥੧॥

18588	404	ਖਿਨੁ ਰਮ ਗੁਰ ਗਮ ਹਰਿ ਦਮ ਨਹ ਜਮ ਹਰਿ ਕੰਠਿ ਨਾਨਕ ਉਰਿ ਹਾਰੀ ਰੇ॥੨॥੫॥੧੩੪॥	(ਰਮ) ਸਿਮਰਨ। (ਗਮ) ਪਹੁੰਚ। (ਹਰਿ ਦਮ) ਸੁਆਸ ਸੁਆਸ। (ਉਰਿ)ਹਿਰਦਾ	Khin Ram Gur Gam Har Dham Neh Jam Har Kanth Naanak Our Haaree Rae ||2||5||134||	Chanting it even for a moment, I rise to the Guru; meditating on it, one is not trapped by the Messenger of Death. The Lord has placed it as a garland around Nanak's neck, and within his heart. ||2||5||134||	ਇਸ ਬਾਣੀ ਨੂੰ ਇਕ ਖਿਨ ਵਾਸਤੇ ਭੀ ਹਿਰਦੇ ਵਿਚ ਵਸਾਇਆਂ ਗੁਰੂ ਦੇ ਚਰਨਾਂ ਤਕ ਪਹੁੰਚ ਬਣ ਜਾਂਦੀ ਹੈ, ਇਸ ਨੂੰ ਸੁਆਸ ਸੁਆਸ ਹਿਰਦੇ ਵਿਚ ਵਸਾਇਆਂ ਜਮਾਂ ਦਾ ਡਰ ਨਹੀਂ ਪੋਹ ਸਕਦਾ। ਹੇ ਨਾਨਕ! ਇਸ ਹਰਿ-ਕਥਾ ਨੂੰ ਆਪਣੇ ਗਲੇ ਵਿਚ ਪ੍ਰੋ ਰੱਖ ਇਸ ਨੂੰ ਆਪਣੇ ਹਿਰਦੇ ਵਿਚ ਹਾਰ (ਬਣਾ ਕੇ) ਰੱਖ ॥੨॥੫॥੧੩੪॥
18589	404	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18590	404	ਨੀਕੀ ਸਾਧਸੰਗਾਨੀ॥ਰਹਾਉ॥	(ਨੀਕੀ) ਉੱਤਮ। (ਸਾਧਸੰਗਾਨੀ) ਸਾਧਸੰਗਤਿ	Neekee Saadhh Sangaanee || Rehaao ||	The Saadh Sangat, the Company of the Holy, is exalted and sublime. ||Pause||	ਸਾਧ ਸੰਗਤਿ (ਮਨੁੱਖ ਵਾਸਤੇ ਇਕ) ਸੋਹਣੀ ਬਰਕਤਿ ਹੈ। ਰਹਾਉ॥
18591	404	ਪਹਰ ਮੂਰਤ ਪਲ ਗਾਵਤ ਗਾਵਤ ਗੋਵਿੰਦ ਗੋਵਿੰਦ ਵਖਾਨੀ॥੧॥	(ਵਖਾਨੀ) ਕਥਨ	Pehar Moorath Pal Gaavath Gaavath Govindh Govindh Vakhaanee ||1||	Every day, hour and moment, I continually sing and speak of Govind, Govind, the Lord of the Universe. ||1||	(ਸਾਧ ਸੰਗਤਿ ਵਿਚ) ਅੱਠੇ ਪਹਰ, ਪਲ ਪਲ, ਘੜੀ ਘੜੀ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਏ ਜਾਂਦੇ ਹਨ, ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਹੁੰਦੀਆਂ ਹਨ ॥੧॥

18592	404	ਚਾਲਤ ਬੈਸਤ ਸੋਵਤ ਹਰਿ ਜਸੁ ਮਨਿ ਤਨਿ ਚਰਨ ਖਟਾਨੀ॥੨॥	(ਖਟਾਨੀ) ਸਮਾਈ	Chaalath Baisath Sovath Har Jas Man Than Charan Khattaanee ||2||	Walking, sitting and sleeping, I chant the Lord's Praises; I treasure His Feet in my mind and body. ||2||	(ਸਾਧ ਸੰਗਤਿ ਦੀ ਬਰਕਤਿ ਨਾਲ) ਤੁਰਦਿਆਂ ਬੈਠਿਆਂ ਸੁੱਤਿਆਂ (ਹਰ ਵੇਲੇ) ਪਰਮਾਤਮਾ ਦੀ ਸਿਫ਼ਤ-ਸਾਲਾਹ (ਕਰਨ ਦਾ ਸੁਭਾਉ ਬਣ ਜਾਂਦਾ ਹੈ) ਮਨ ਵਿਚ ਪਰਮਾਤਮਾ ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ, ਪਰਮਾਤਮਾ ਦੇ ਚਰਨਾਂ ਵਿਚ ਹਰ ਵੇਲੇ ਮੇਲ ਬਣਿਆ ਰਹਿੰਦਾ ਹੈ ॥੨॥
18593	404	ਹਉ ਹਉਰੋ ਤੂ ਠਾਕੁਰੁ ਗਉਰੋ ਨਾਨਕ ਸਰਨਿ ਪਛਾਨੀ॥੩॥੬॥੧੩੫॥	(ਹਉਰੋ) ਹੌਲਾ ਗੁਣ ਰਹਿਤ। (ਗਉਰੋ) ਭਾਰੇ ਗੁਣਾਂ ਸਹਿਤ	Hano Houro Thoo Thaakur Gouro Naanak Saran Pashhaanee ||3||6||135||	I am so small, and You are so great, O Lord and Master; Nanak seeks Your Sanctuary. ||3||6||135||	ਹੇ ਨਾਨਕ! (ਆਖ-ਹੇ ਪ੍ਰਭੂ!) ਮੈਂ ਗੁਣ-ਹੀਨ ਹਾਂ, ਤੂੰ ਮੇਰਾ ਮਾਲਕ ਗੁਣਾਂ ਨਾਲ ਭਰਪੂਰ ਹੈਂ (ਸਾਧ ਸੰਗਤਿ ਦਾ ਸਦਕਾ) ਮੈਨੂੰ ਤੇਰੀ ਸਰਨ ਪੈਣ ਦੀ ਸੂਝ ਆਈ ਹੈ ॥੩॥੬॥੧੩੫॥
18594	405	ਰਾਗੁ ਆਸਾ ਮਹਲਾ ੫ ਘਰੁ ੧੨		Raag Aasaa Mehalaa 5 Ghar 12	Raag Aasaa, Fifth Mehl, Twelfth House:	ਰਾਗ ਆਸਾ, ਘਰ ੧੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18595	405	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

18596	405	ਤਿਆਗਿ ਸਗਲ ਸਿਆਨਪਾ ਭਜੁ ਪਾਰਬ੍ਰਹਮ ਨਿਰੰਕਾਰੁ॥		Thiaag Sagal Siaanapaa Bhaj Paarabreham Nirankaar ||	Renounce all your cleverness and remember the Supreme, Formless Lord God.	(ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਇਸ ਸੰਬੰਧੀ ਆਪਣੀਆਂ) ਸਾਰੀਆਂ ਸਿਆਣਪਾਂ ਛੱਡ ਦੇ, ਪਰਮਾਤਮਾ ਨਿਰੰਕਾਰ ਦਾ ਸਿਮਰਨ ਕਰਿਆ ਕਰ।
18597	405	ਏਕ ਸਾਚੇ ਨਾਮ ਬਾਝਹੁ ਸਗਲ ਦੀਸੈ ਛਾਰੁ॥੧॥	(ਛਾਰੁ) ਸੁਆਹ	Eaek Saachae Naam Baajhahu Sagal Dheesai Shhaar ||1||	Without the One True Name, everything appears as dust. ||1||	ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ (ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਸੰਬੰਧੀ ਹੋਰ) ਹਰੇਕ ਸਿਆਣਪ ਨਿਕੰਮੀ (ਸਾਬਤ ਹੁੰਦੀ) ਹੈ ॥੧॥
18598	405	ਸੋ ਪ੍ਰਭੁ ਜਾਣੀਐ ਸਦ ਸੰਗਿ॥		So Prabh Jaaneeai Sadh Sang ||	Know that God is always with you.	(ਜੇ ਸੰਸਾਰ-ਸਮੁੰਦਰ ਵਿਚੋਂ ਆਪਣੀ ਜੀਵਨ-ਬੇੜੀ ਸਹੀ-ਸਲਾਮਤ ਪਾਰ ਲੰਘਾਣੀ ਹੈ, ਤਾਂ) ਉਸ ਪਰਮਾਤਮਾ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਸਮਝਣਾ ਚਾਹੀਦਾ ਹੈ,
18599	405	ਗੁਰ ਪ੍ਰਸਾਦੀ ਬੂਝੀਐ ਏਕ ਹਰਿ ਕੈ ਰੰਗਿ॥੧॥ਰਹਾਉ॥		Gur Prasaadhee Boojheeai Eaek Har Kai Rang ||1|| Rehaao ||	By Guru's Grace, one understands, and is imbued with the Love of the One Lord. ||1||Pause||	ਇਹ ਸਮਝ ਭੀ ਤਦੋਂ ਹੀ ਪੈ ਸਕਦੀ ਹੈ ਜੇ ਗੁਰੂ ਕਿਰਪਾ ਨਾਲ ਇਕ ਪਰਮਾਤਮਾ ਦੇ ਪਿਆਰ ਵਿਚ ਹੀ ਟਿਕੇ ਰਹੀਏ ॥੧॥ ਰਹਾਉ ॥

18600	405	ਸਰਣਿ ਸਮਰਥ ਏਕ ਕੇਰੀ ਦੂਜਾ ਨਾਹੀ ਠਾਉ॥	ਸਮਰੱਥ	Saran Samarathh Eaek Kaeree Dhoojaa Naahee Thaao ||	Seek the Shelter of the One All-powerful Lord; there is no other place of rest.	(ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਸਕਣ ਦੀ) ਤਾਕਤ ਰੱਖਣ ਵਾਲੀ ਸਿਰਫ਼ ਇਕ ਪਰਮਾਤਮਾ ਦੀ ਓਟ ਹੈ, ਇਸ ਤੋਂ ਬਿਨਾ ਹੋਰ ਕੋਈ ਸਹਾਰਾ ਨਹੀਂ,
18601	405	ਮਹਾ ਭਉਜਲੁ ਲੰਘੀਐ ਸਦਾ ਹਰਿ ਗੁਣ ਗਾਉ॥੨॥		Mehaa Bhoujal Langheeai Sadhaa Har Gun Gaao ||2||	The vast and terrifying world-ocean is crossed over, singing continually the Glorious Praises of the Lord. ||2||	(ਇਸ ਵਾਸਤੇ, ਹੇ ਭਾਈ!) ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹੁ ਤਾਂ ਹੀ ਇਸ ਬਿਖੜੇ ਸੰਸਾਰ-ਸਮੁੰਦਰ ਤੋਂ ਪਾਰ ਲੰਘਿਆ ਜਾ ਸਕੇਗਾ ॥੨॥
18602	405	ਜਨਮ ਮਰਣੁ ਨਿਵਾਰੀਐ ਦੁਖੁ ਨ ਜਮਪੁਰਿ ਹੋਇ॥		Janam Maran Nivaareeai Dhukh N Jam Pur Hoe ||	Birth and death are overcome, and one does not have to suffer in the City of Death.	(ਜੇ ਪਰਮਾਤਮਾ ਨੂੰ ਸਦਾ ਅੰਗ-ਸੰਗ ਵੱਸਦਾ ਪਛਾਣ ਲਈਏ ਤਾਂ) ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ, ਜਮਾਂ ਦੇ ਸ਼ਹਰ ਵਿਚ ਨਿਵਾਸ ਨਹੀਂ ਹੁੰਦਾ (ਆਤਮਕ ਮੌਤ ਨੇੜੇ ਨਹੀਂ ਢੁਕਦੀ) ਕੋਈ ਦੁੱਖ ਪੋਹ ਨਹੀਂ ਸਕਦਾ।
18603	405	ਨਾਮੁ ਨਿਧਾਨੁ ਸੋਈ ਪਾਏ ਕ੍ਰਿਪਾ ਕਰੇ ਪ੍ਰਭੁ ਸੋਇ॥੩॥		Naam Nidhhaan Soee Paaeae Kirapaa Karae Prabh Soe ||3||	He alone obtains the treasure of the Naam, the Name of the Lord, unto whom God shows His Mercy. ||3||	(ਪਰ ਸਾਰੇ ਗੁਣਾਂ ਦਾ) ਖ਼ਜ਼ਾਨਾ ਇਹ ਹਰਿ-ਨਾਮ ਉਹੀ ਮਨੁੱਖ ਪ੍ਰਾਪਤ ਕਰਦਾ ਹੈ ਜਿਸ ਉਤੇ ਪ੍ਰਭੂ ਆਪ ਕਿਰਪਾ ਕਰਦਾ ਹੈ ॥੩॥

18604	405	ੲੇਕ ਟੇਕ ਅਧਾਰੁ ੲੇਕੋ ੲੇਕ ਕਾ ਮਨਿ ਜੋਰੁ॥		Eaek Ttaek Adhhaar Eaeko Eaek Kaa Man Jor ||	The One Lord is my Anchor and Support; the One Lord alone is the power of my mind.	ਇਕ ਪਰਮਾਤਮਾ ਦੀ ਹੀ ਓਟ ਇਕ ਪਰਮਾਤਮਾ ਦਾ ਹੀ ਆਸਰਾ ਇਕ ਪਰਮਾਤਮਾ ਦਾ ਹੀ ਮਨ ਵਿਚ ਤਕੀਆ (ਜਮ-ਪੁਰੀ ਤੋਂ ਬਚਾ ਸਕਦਾ) ਹੈ।
18605	405	ਨਾਨਕ ਜਪੀਐ ਮਿਲਿ ਸਾਧਸੰਗਤਿ ਹਰਿ ਬਿਨੁ ਅਵਰੁ ਨ ਹੋਰੁ॥੪॥੧॥੧੩੬॥		Naanak Japeeai Mil Saadhhasangath Har Bin Avar N Hor ||4||1||136||	O Nanak, joining the Saadh Sangat, the Company of the Holy, meditate on Him; without the Lord, there is no other at all. ||4||1||136||	(ਇਸ ਵਾਸਤੇ) ਹੇ ਨਾਨਕ! ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦਾ ਹੀ ਨਾਮ ਸਿਮਰਨਾ ਚਾਹੀਦਾ ਹੈ, ਪਰਮਾਤਮਾ ਤੋਂ ਬਿਨਾ ਹੋਰ ਕੋਈ ਨਹੀਂ (ਜੋ ਜਮਪੁਰੀ ਤੋਂ ਬਚਾ ਸਕੇ ਜੋ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਸਕੇ) ॥੪॥੧॥੧੩੬॥
18606	405	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18607	405	ਜੀਉ ਮਨੁ ਤਨੁ ਪ੍ਰਾਨ ਪ੍ਰਭ ਕੇ ਦੀਏ ਸਭਿ ਰਸ ਭੋਗ॥		Jeeo Man Than Praan Prabh Kae Dheeeae Sabh Ras Bhog ||	The soul, the mind, the body and the breath of life belong to God. He has given all tastes and pleasures.	(ਹੇ ਭਾਈ।) ਇਹ ਜਿੰਦ, ਇਹ ਮਨ, ਇਹ ਸਰੀਰ, ਇਹ ਪ੍ਰਾਣ, ਸਾਰੇ ਸੁਆਦਲੇ ਪਦਾਰਥ-ਇਹ ਸਭ ਪਰਮਾਤਮਾ ਦੇ ਦਿੱਤੇ ਹੋਏ ਹਨ।
18608	405	ਦੀਨ ਬੰਧਪ ਜੀਅ ਦਾਤਾ ਸਰਣਿ ਰਾਖਣ ਜੋਗੁ॥੧॥	(ਬੰਧਪ) ਸੰਬੰਧੀ	Dheen Bandhhap Jeea Dhaathaa Saran Raakhan Jog ||1||	He is the Friend of the poor, the Giver of life, the Protector of those who seek His Sanctuary. ||1||	ਪਰਮਾਤਮਾ ਹੀ ਗਰੀਬਾਂ ਦਾ (ਅਸਲ) ਸਨਬੰਧੀ ਹੈ, ਪਰਮਾਤਮਾ ਹੀ ਆਤਮਕ ਜੀਵਨ ਦੇਣ ਵਾਲਾ ਹੈ, ਪਰਮਾਤਮਾ ਹੀ ਸਰਨ ਪਏ ਦੀ ਰਾਖੀ ਕਰਨ ਦੀ ਸਮਰਥਾ ਵਾਲਾ ਹੈ ॥੧॥

18609	405	ਮੇਰੇ ਮਨ ਧਿਆਇ ਹਰਿ ਹਰਿ ਨਾਉ॥		Maerae Man Dhhiaae Har Har Naao ||	O my mind, meditate on the Name of the Lord, Har, Har.	ਹੇ ਮੇਰੇ ਮਨ! ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹੁ।
18610	405	ਹਲਤਿ ਪਲਤਿ ਸਹਾਇ ਸੰਗੇ ਏਕ ਸਿਉ ਲਿਵ ਲਾਉ॥੧॥ਰਹਾਉ॥		Halath Palath Sehaae Sangae Eaek Sio Liv Laao ||1|| Rehaao ||	Here and hereafter, He is our Helper and Companion; embrace love and affection for the One Lord. ||1||Pause||	ਪਰਮਾਤਮਾ ਹੀ ਇਸ ਲੋਕ ਵਿਚ ਤੇ ਪਰਲੋਕ ਵਿਚ ਤੇਰੀ ਸਹਾਇਤਾ ਕਰਨ ਵਾਲਾ ਹੈ ਤੇਰੇ ਨਾਲ ਰਹਿਣ ਵਾਲਾ ਹੈ। ਇਕ ਪਰਮਾਤਮਾ ਦੇ ਨਾਲ ਹੀ ਸੁਰਤਿ ਜੋੜੀ ਰੱਖ ॥੧॥ ਰਹਾਉ ॥
18611	405	ਬੇਦ ਸਾਸਤ੍ਰ ਜਨ ਧਿਆਵਹਿ ਤਰਣ ਕਉ ਸੰਸਾਰੁ॥		Baedh Saasathr Jan Dhhiaavehi Tharan Ko Sansaar ||	They meditate on the Vedas and the Shaastras, to swim across the world-ocean.	ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਵਾਸਤੇ ਲੋਕ ਵੇਦਾਂ ਸ਼ਾਸਤ੍ਰਾਂ ਨੂੰ ਵਿਚਾਰਦੇ ਹਨ (ਅਤੇ ਉਹਨਾਂ ਦੇ ਦੱਸੇ ਅਨੁਸਾਰ ਮਿਥੇ ਹੋਏ) ਅਨੇਕਾਂ ਧਾਰਮਿਕ ਕੰਮ ਤੇ ਹੋਰ ਸਾਧਨ ਕਰਦੇ ਹਨ।
18612	405	ਕਰਮ ਧਰਮ ਅਨੇਕ ਕਿਰਿਆ ਸਭ ਊਪਰਿ ਨਾਮੁ ਅਚਾਰੁ॥੨॥	(ਅਚਾਰੁ) ਸ਼ੁਭ ਕਰਨੀ	Karam Dhharam Anaek Kiriaa Sabh Oopar Naam Achaar ||2||	The many religious rituals, good deeds of karma and Dharmic worship - above all of these is the Naam, the Name of the Lord. ||2||	ਪਰ ਪਰਮਾਤਮਾ ਦਾ ਨਾਮ-ਸਿਮਰਨ ਇਕ ਐਸਾ ਧਾਰਮਿਕ ਉੱਦਮ ਹੈ ਜੋ ਉਹਨਾਂ ਮਿਥੇ ਹੋਏ ਸਭਨਾਂ ਧਾਰਮਿਕ ਕੰਮਾਂ ਨਾਲੋਂ ਉੱਚਾ ਹੈ ਸ੍ਰੇਸ਼ਟ ਹੈ ॥੨॥

18613	405	ਕਾਮੁ ਕ੍ਰੋਧੁ ਅਹੰਕਾਰੁ ਬਿਨਸੈ ਮਿਲੈ ਸਤਿਗੁਰ ਦੇਵ॥	ਅਹੰ-ਕਾਰੁ	Kaam Krodhh Ahankaar Binasai Milai Sathigur Dhaev ||	Sexual desire, anger, and egotism depart, meeting with the Divine True Guru.	ਜੇਹੜਾ ਮਨੁੱਖ ਗੁਰੂ-ਦੇਵ ਨੂੰ ਮਿਲ ਪੈਂਦਾ ਹੈ (ਤੇ ਉਸ ਦੀ ਸਿੱਖਿਆ ਅਨੁਸਾਰ ਪਰਮਾਤਮਾ ਦਾ ਨਾਮ ਸਿਮਰਦਾ ਹੈ, ਉਸ ਦੇ ਮਨ ਵਿਚੋਂ) ਕਾਮ-ਵਾਸਨਾ ਦੂਰ ਹੋ ਜਾਂਦੀ ਹੈ ਕ੍ਰੋਧ ਮਿਟ ਜਾਂਦਾ ਹੈ ਅਹੰਕਾਰ ਖ਼ਤਮ ਹੋ ਜਾਂਦਾ ਹੈ।
18614	405	ਨਾਮੁ ਦ੍ਰਿੜੁ ਕਰਿ ਭਗਤਿ ਹਰਿ ਕੀ ਭਲੀ ਪ੍ਰਭ ਕੀ ਸੇਵ॥੩॥		Naam Dhrirr Kar Bhagath Har Kee Bhalee Prabh Kee Saev ||3||	Implant the Naam within, perform devotional worship to the Lord and serve God - this is good. ||3||	(ਤੂੰ ਭੀ ਆਪਣੇ ਹਿਰਦੇ ਵਿਚ) ਪਰਮਾਤਮਾ ਦਾ ਨਾਮ ਪੱਕੀ ਤਰ੍ਹਾਂ ਟਿਕਾ ਰੱਖ, ਪਰਮਾਤਮਾ ਦੀ ਭਗਤੀ ਕਰ, ਪਰਮਾਤਮਾ ਦੀ ਸੇਵਾ-ਭਗਤੀ ਹੀ ਚੰਗੀ ਕਾਰ ਹੈ ॥੩॥
18615	405	ਚਰਣ ਸਰਣ ਦਇਆਲ ਤੇਰੀ ਤੂੰ ਨਿਮਾਣੇ ਮਾਣੁ॥		Charan Saran Dhaeiaal Thaeree Thoon Nimaanae Maan ||	I seek the Sanctuary of Your Feet, O Merciful Lord; You are the Honor of the dishonored.	ਹੇ ਦਇਆ ਦੇ ਘਰ ਪ੍ਰਭੂ! ਮੈਂ ਤੇਰੇ ਚਰਨਾਂ ਦੀ ਓਟ ਲਈ ਹੈ, ਤੂੰ ਹੀ ਮੈਨੂੰ ਨਿਮਾਣੇ ਨੂੰ ਆਦਰ ਦੇਣ ਵਾਲਾ ਹੈਂ।
18616	405	ਜੀਅ ਪ੍ਰਾਣ ਅਧਾਰੁ ਤੇਰਾ ਨਾਨਕ ਕਾ ਪ੍ਰਭੁ ਤਾਣੁ॥੪॥੨॥੧੩੭॥		Jeea Praan Adhhaar Thaeraa Naanak Kaa Prabh Thaan ||4||2||137||	You are the Support of my soul, my breath of life; O God, You are Nanak's strength. ||4||2||137||	ਹੇ ਪ੍ਰਭੂ! ਮੈਨੂੰ ਆਪਣੀ ਜਿੰਦ ਵਾਸਤੇ ਪ੍ਰਾਣਾਂ ਵਾਸਤੇ ਤੇਰਾ ਹੀ ਸਹਾਰਾ ਹੈ। (ਦਾਸ) ਨਾਨਕ ਦਾ ਆਸਰਾ ਪਰਮਾਤਮਾ ਹੀ ਹੈ ॥੪॥੨॥੧੩੭॥
18617	405	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

18618	405	ਡੋਲਿ ਡੋਲਿ ਮਹਾ ਦੁਖੁ ਪਾਇਆ ਬਿਨਾ ਸਾਧੂਸੰਗ॥		Ddol Ddol Mehaa Dhukh Paaeiaa Binaa Saadhhoo Sang ||	He wavers and falters, and suffers such great pain, without the Saadh Sangat, the Company of the Holy.	(ਹੇ ਮਨ!) ਗੁਰੂ ਨੂੰ ਸੰਗਤਿ ਤੋਂ ਵਾਂਜਿਆ ਰਹਿ ਕੇ (ਅਸਲ ਸਹਾਈ ਪਰਮਾਤਮਾ ਵਲੋਂ) ਸਿਦਕ-ਹੀਣ ਹੋ ਹੋ ਕੇ ਤੂੰ ਬੜਾ ਦੁੱਖ ਸਹਾਰਦਾ ਰਿਹਾ।
18619	405	ਖਾਟਿ ਲਾਭੁ ਗੋਬਿੰਦ ਹਰਿ ਰਸੁ ਪਾਰਬ੍ਰਹਮ ਇਕ ਰੰਗ॥੧॥		Khaatt Laabh Gobindh Har Ras Paarabreham Eik Rang ||1||	The profit of the sublime essence of the Lord of the Universe is obtained, by the Love of the One Supreme Lord God. ||1||	ਹੁਣ ਤਾਂ ਹਰਿ-ਨਾਮ ਦਾ ਸੁਆਦ ਚੱਖ, ਇਕ ਪਰਮਾਤਮਾ ਦੇ ਮਿਲਾਪ ਦਾ ਆਨੰਦ ਮਾਣ (ਇਹੀ ਹੈ ਜੀਵਨ ਦਾ) ਲਾਭ (ਇਹ) ਖੱਟ ਲੈ ॥੧॥
18620	405	ਹਰਿ ਕੋ ਨਾਮੁ ਜਪੀਐ ਨੀਤਿ॥		Har Ko Naam Japeeai Neeth ||	Chant continually the Name of the Lord.	ਪਰਮਾਤਮਾ ਦਾ ਨਾਮ ਸਦਾ ਜਪਦੇ ਰਹਿਣਾ ਚਾਹੀਦਾ ਹੈ।
18621	405	ਸਾਸਿ ਸਾਸਿ ਧਿਆਇ ਸੋ ਪ੍ਰਭੁ ਤਿਆਗਿ ਅਵਰ ਪਰੀਤਿ॥੧॥ਰਹਾਉ॥		Saas Saas Dhhiaae So Prabh Thiaag Avar Pareeth ||1|| Rehaao ||	With each and every breath, meditate on God, and renounce other love. ||1||Pause||	ਹਰੇਕ ਸਾਹ ਦੇ ਨਾਲ ਉਸ ਪਰਮਾਤਾਮਾ ਨੂੰ ਸਿਮਰਦਾ ਰਹੁ, ਹੋਰ ਦੀ ਪ੍ਰੀਤ ਤਿਆਗ ਦੇ ॥੧॥ ਰਹਾਉ ॥
18622	405	ਕਰਣ ਕਾਰਣ ਸਮਰਥ ਸੋ ਪ੍ਰਭੁ ਜੀਅ ਦਾਤਾ ਆਪਿ॥	ਸਮਰੱਥ	Karan Kaaran Samarathh So Prabh Jeea Dhaathaa Aap ||	God is the Doer, the All-powerful Cause of causes; He Himself is the Giver of life.	ਉਹ ਪ੍ਰਭੂ ਹੀ ਸਾਰੇ ਜਗਤ ਦਾ ਮੂਲ ਹੈ, (ਦੁੱਖ ਦੂਰ ਕਰਨ ਦੇ) ਸਮਰੱਥ ਹੈ, ਉਹ ਆਪ ਹੀ ਆਤਮਕ ਜੀਵਨ ਦੇਣ ਵਾਲਾ ਹੈ।੨।

18623	405	ਤਿਆਗਿ ਸਗਲ ਸਿਆਣਪਾ ਆਠ ਪਹਰ ਪ੍ਰਭੁ ਜਾਪਿ॥੨॥		Thiaag Sagal Siaanapaa Aath Pehar Prabh Jaap ||2||	So renounce all your cleverness, and meditate on God, twenty-four hours a day. ||2||	(ਦੁੱਖਾਂ ਤੋਂ ਛੁਟਕਾਰਾ ਪਾਣ ਲਈ) ਹੋਰ ਸਾਰੀਆਂ ਚਤੁਰਾਈਆਂ ਛੱਡ, ਅੱਠੇ ਪਹਰ ਪ੍ਰਭੂ ਨੂੰ ਯਾਦ ਕਰਦਾ ਰਹੁ ॥੨॥
18624	405	ਮੀਤੁ ਸਖਾ ਸਹਾਇ ਸੰਗੀ ਊਚ ਅਗਮ ਅਪਾਰੁ॥		Meeth Sakhaa Sehaae Sangee Ooch Agam Apaar ||	He is our best friend and companion, our help and support; He is lofty, inaccessible and infinite.	ਉਹ ਸਭ ਤੋਂ ਉੱਚਾ ਅਪਹੁੰਚ ਤੇ ਬੇਅੰਤ ਪਰਮਾਤਮਾ ਹੀ ਤੇਰਾ ਅਸਲ ਮਿੱਤਰ ਹੈ ਦੋਸਤ ਹੈ ਸਹਾਈ ਹੈ ਸਾਥੀ ਹੈ,
18625	405	ਚਰਣਕਮਲ ਬਸਾਇ ਹਿਰਦੈ ਜੀਅ ਕੋ ਆਧਾਰੁ॥੩॥		Charan Kamal Basaae Hiradhai Jeea Ko Aadhhaar ||3||	Enshrine His Lotus Feet within your heart; He is the Support of the soul. ||3||	ਉਸ ਦੇ ਸੋਹਣੇ ਕੋਮਲ ਚਰਨ ਆਪਣੇ ਹਿਰਦੇ ਵਿਚ ਵਸਾਈ ਰੱਖ, ਉਹੀ ਜਿੰਦ ਦਾ (ਅਸਲ) ਸਹਾਰਾ ਹੈ ॥੩॥
18626	405	ਕਰਿ ਕਿਰਪਾ ਪ੍ਰਭ ਪਾਰਬ੍ਰਹਮ ਗੁਣ ਤੇਰਾ ਜਸੁ ਗਾਉ॥		Kar Kirapaa Prabh Paarabreham Gun Thaeraa Jas Gaao ||	Show Your Mercy, O Supreme Lord God, that I may sing Your Glorious Praises.	ਹੇ ਪ੍ਰਭੂ! ਹੇ ਪਾਰਬ੍ਰਹਮ! ਮੇਹਰ ਕਰ ਮੈਂ ਸਦਾ ਤੇਰੇ ਗੁਣ ਗਾਂਦਾ ਰਹਾਂ ਤੇਰੀ ਸਿਫ਼ਤ-ਸਾਲਾਹ ਕਰਦਾ ਰਹਾਂ।

18627	405	ਸਰਬ ਸੂਖ ਵਡੀ ਵਡਿਆਈ ਜਪਿ ਜੀਵੈ ਨਾਨਕੁ ਨਾਉ॥੪॥੩॥੧੩੮॥		Sarab Sookh Vaddee Vaddiaaee Jap Jeevai Naanak Naao ||4||3||138||	Total peace, and the greatest greatness, O Nanak, are obtained by living to chant the Name of the Lord. ||4||3||138||	(ਤੇਰੀ ਸਿਫ਼ਤ-ਸਾਲਾਹ ਵਿਚ ਹੀ) ਸਾਰੇ ਸੁਖ ਹਨ ਤੇ ਵੱਡੀ ਇੱਜ਼ਤ ਹੈ। (ਤੇਰਾ ਦਾਸ) ਨਾਨਕ ਤੇਰਾ ਨਾਮ ਸਿਮਰ ਕੇ ਆਤਮਕ ਜੀਵਨ ਪ੍ਰਾਪਤ ਕਰਦਾ ਹੈ ॥੪॥੩॥੧੩੮॥
18628	405	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18629	405	ਉਦਮੁ ਕਰਉ ਕਰਾਵਹੁ ਠਾਕੁਰ ਪੇਖਤ ਸਾਧੂਸੰਗਿ॥		Oudham Karo Karaavahu Thaakur Paekhath Saadhhoo Sang ||	I make the effort, as You cause me to do, my Lord and Master, to behold You in the Saadh Sangat, the Company of the Holy.	ਹੇ ਮੇਰੇ ਮਾਲਕ! (ਮੈਥੋਂ ਇਹ ਉੱਦਮ) ਕਰਾਂਦਾ ਰਹੁ, ਗੁਰੂ ਦੀ ਸੰਗਤਿ ਵਿਚ ਤੇਰਾ ਦਰਸਨ ਕਰਦਾ ਹੋਇਆ ਮੈਂ ਤੇਰਾ ਨਾਮ ਜਪਣ ਦਾ ਆਹਰ ਕਰਦਾ ਰਹਾਂ।
18630	405	ਹਰਿ ਹਰਿ ਨਾਮੁ ਚਰਾਵਹੁ ਰੰਗਨਿ ਆਪੇ ਹੀ ਪ੍ਰਭ ਰੰਗਿ॥੧॥	ਚਰ੍ਾਵਹੁ	Har Har Naam Charaavahu Rangan Aapae Hee Prabh Rang ||1||	I am imbued with the color of the Love of the Lord, Har, Har; God Himself has colored me in His Love. ||1||	ਹੇ ਪ੍ਰਭੂ! ਮੇਰੇ ਮਨ ਉੱਤੇ ਤੂੰ ਆਪਣੇ ਨਾਮ ਦੀ ਰੰਗਣ ਚਾੜ੍ਹ ਦੇ, ਤੂੰ ਆਪ ਹੀ (ਮੇਰੇ ਮਨ ਨੂੰ ਆਪਣੇ ਪ੍ਰੇਮ ਦੇ ਰੰਗ ਵਿਚ) ਰੰਗ ਦੇ ॥੧॥
18631	405	ਮਨ ਮਹਿ ਰਾਮ ਨਾਮਾ ਜਾਪਿ॥		Man Mehi Raam Naamaa Jaap ||	I chant the Lord's Name within my mind.	ਹੇ ਪ੍ਰਭੂ! ਮੈਂ ਆਪਣੇ ਮਨ ਵਿਚ ਤੇਰਾ ਰਾਮ-ਨਾਮ ਜਪਦਾ ਰਹਾਂ,

18632	405	ਕਰਿ ਕਿਰਪਾ ਵਸਹੁ ਮੇਰੈ ਹਿਰਦੈ ਹੋਇ ਸਹਾਈ ਆਪਿ॥੧॥ਰਹਾਉ॥		Kar Kirapaa Vasahu Maerai Hiradhai Hoe Sehaaee Aap ||1|| Rehaao ||	Bestow Your Mercy, and dwell within my heart; please, become my Helper. ||1||Pause||	ਜੇ ਤੂੰ ਮੇਰਾ ਮਦਦਗਾਰ ਬਣੇਂ ਤੇ (ਮੇਰੇ ਉਤੇ) ਕਿਰਪਾ ਕਰਕੇ, ਮੇਰੇ ਹਿਰਦੇ ਵਿਚ ਆ ਵੱਸੇਂ ॥੧॥ ਰਹਾਉ ॥
18633	405	ਸੁਣਿ ਸੁਣਿ ਨਾਮੁ ਤੁਮਾਰਾ ਪ੍ਰੀਤਮ ਪ੍ਰਭੁ ਪੇਖਨ ਕਾ ਚਾਉ॥		Sun Sun Naam Thumaaraa Preetham Prabh Paekhan Kaa Chaao ||	Listening continually to Your Name, O Beloved God, I yearn to behold You.	ਹੇ ਮੇਰੇ ਪਿਆਰੇ! ਕਿ ਤੇਰਾ ਨਾਮ ਸੁਣ ਸੁਣ ਕੇ ਮੇਰੇ ਅੰਦਰ ਤੇਰੇ ਦਰਸਨ ਦਾ ਚਾਉ ਬਣਿਆ ਰਹੇ,
18634	406	ਦਇਆ ਕਰਹੁ ਕਿਰਮ ਅਪੁਨੇ ਕਉ ਇਹੈ ਮਨੋਰਥੁ ਸੁਆਉ॥੨॥	(ਸੁਆਉ) ਲਾਭ	Dhaeiaa Karahu Kiram Apunae Ko Eihai Manorathh Suaao ||2||	Please, be kind to me - I am just a worm. This is my object and purpose. ||2||	ਆਪਣੇ ਇਸ ਨਾਚੀਜ਼ ਸੇਵਕ ਉਤੇ ਮੇਹਰ ਕਰ ਕੇ ਮੇਰਾ ਇਹ ਮਨੋਰਥ ਪੂਰਾ ਕਰ, ਮੇਰੀ ਇਹ ਲੋੜ ਪੂਰੀ ਕਰ ॥੨॥
18635	406	ਤਨੁ ਧਨੁ ਤੇਰਾ ਤੂੰ ਪ੍ਰਭੁ ਮੇਰਾ ਹਮਰੈ ਵਸਿ ਕਿਛੁ ਨਾਹਿ॥	ਵੱਸਿ ਕਿੱਛੁ	Than Dhhan Thaeraa Thoon Prabh Maeraa Hamarai Vas Kishh Naahi ||	My body and wealth are Yours; You are my God - nothing is in my power.	(ਹੇ ਪ੍ਰਭੂ! ਮੇਰਾ ਇਹ ਸਰੀਰ ਮੇਰਾ ਇਹ ਧਨ ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ, ਤੂੰ ਹੀ ਮੇਰਾ ਮਾਲਕ ਹੈਂ (ਅਸੀਂ ਜੀਵ ਆਪਣੇ ਉੱਦਮ ਨਾਲ ਤੇਰਾ ਨਾਮ ਜਪਣ ਜੋਗੇ ਨਹੀਂ ਹਾਂ) ਸਾਡੇ ਵੱਸ ਵਿਚ ਕੁਝ ਨਹੀਂ ਹੈ।

18636	406	ਜਿਉ ਜਿਉ ਰਾਖਹਿ ਤਿਉ ਤਿਉ ਰਹਣਾ ਤੇਰਾ ਦੀਆ ਖਾਹਿ॥੩॥		Jio Jio Raakhehi Thio Thio Rehanaa Thaeraa Dheeaa Khaahi ||3||	As You keep me, so do I live; I eat what You give me. ||3||	ਤੂੰ ਸਾਨੂੰ ਜੀਵਾਂ ਨੂੰ ਜਿਸ ਜਿਸ ਹਾਲ ਵਿਚ ਰੱਖਦਾ ਹੈਂ ਉਸੇ ਤਰ੍ਹਾਂ ਹੀ ਅਸੀਂ ਜੀਵਨ ਬਿਤਾਂਦੇ ਹਾਂ, ਅਸੀਂ ਤੇਰਾ ਹੀ ਦਿੱਤਾ ਹੋਇਆ ਹਰੇਕ ਪਦਾਰਥ ਖਾਂਦੇ ਹਾਂ ॥੩॥
18637	406	ਜਨਮ ਜਨਮ ਕੇ ਕਿਲਵਿਖ ਕਾਟੈ ਮਜਨੁ ਹਰਿ ਜਨ ਧੂਰਿ॥	(ਕਿਲਵਿਖ) ਪਾਪ। (ਮੱਜਨੁ) ਇਸ਼ਨਾਨ	Janam Janam Kae Kilavikh Kaattai Majan Har Jan Dhoor ||	The sins of countless incarnations are washed away, by bathing in the dust of the Lord's humble servants.	ਹੇ ਨਾਨਕ! (ਆਖ-) ਪਰਮਾਤਮਾ ਦੇ ਸੇਵਕਾਂ (ਦੇ ਚਰਨਾਂ) ਦੀ ਧੂੜ ਵਿਚ (ਕੀਤਾ ਹੋਇਆ) ਇਸ਼ਨਾਨ (ਮਨੁੱਖ ਦੇ) ਜਨਮਾਂ ਜਨਮਾਂਤਰਾਂ ਦੇ (ਕੀਤੇ ਹੋਏ) ਪਾਪ ਦੂਰ ਕਰ ਦੇਂਦਾ ਹੈ,
18638	406	ਭਾਇ ਭਗਤਿ ਭਰਮ ਭਉ ਨਾਸੈ ਹਰਿ ਨਾਨਕ ਸਦਾ ਹਜੂਰਿ॥੪॥੪॥੧੩੯॥		Bhaae Bhagath Bharam Bho Naasai Har Naanak Sadhaa Hajoor ||4||4||139||	By loving devotional worship, doubt and fear depart; O Nanak, the Lord is Ever-present. ||4||4||139||	ਪ੍ਰਭੂ-ਪ੍ਰੇਮ ਦੀ ਰਾਹੀਂ ਭਗਤੀ ਦੀ ਬਰਕਤਿ ਨਾਲ (ਮਨੁੱਖ ਦਾ) ਹਰੇਕ ਕਿਸਮ ਦਾ ਡਰ ਵਹਮ ਨਾਸ ਹੋ ਜਾਂਦਾ ਹੈ, ਤੇ ਪਰਮਾਤਮਾ ਸਦਾ ਅੰਗ-ਸੰਗ ਪ੍ਰਤੀਤ ਹੋਣ ਲੱਗ ਪੈਂਦਾ ਹੈ ॥੪॥੪॥੧੩੯॥
18639	406	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

18640	406	ਅਗਮ ਅਗੋਚਰੁ ਦਰਸੁ ਤੇਰਾ ਸੋ ਪਾਏ ਜਿਸੁ ਮਸਤਕਿ ਭਾਗੁ॥		Agam Agochar Dharas Thaeraa So Paaeae Jis Masathak Bhaag ||	The Blessed Vision of Your Darshan is unapproachable and incomprehensible; he alone obtains it, who has such good destiny recorded upon his forehead.	ਹੇ ਅਪਹੁੰਚ ਪ੍ਰਭੂ! ਤੂੰ ਮਨੁੱਖਾਂ ਦੇ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈਂ, ਤੇਰਾ ਦਰਸਨ ਓਹੀ ਮਨੁੱਖ ਕਰਦਾ ਹੈ, ਜਿਸ ਦੇ ਮੱਥੇ ਉਤੇ ਕਿਸਮਤ ਜਾਗ ਪੈਂਦੀ ਹੈ।
18641	406	ਆਪਿ ਕ੍ਰਿਪਾਲਿ ਕ੍ਰਿਪਾ ਪ੍ਰਭਿ ਧਾਰੀ ਸਤਿਗੁਰਿ ਬਖਸਿਆ ਹਰਿ ਨਾਮੁ॥੧॥		Aap Kirapaal Kirapaa Prabh Dhhaaree Sathigur Bakhasiaa Har Naam ||1||	The Merciful Lord God has bestowed His Mercy, and the True Guru has granted the Lord's Name. ||1||	(ਜਿਸ ਮਨੁੱਖ ਉਤੇ) ਕਿਰਪਾ ਦੇ ਘਰ ਪਰਮਾਤਮਾ ਨੇ ਕਿਰਪਾ ਦੀ ਨਿਗਾਹ ਕੀਤੀ ਸਤਿਗੁਰੂ ਨੇ ਉਸ ਨੂੰ ਪਰਮਾਤਮਾ ਦੀ ਨਾਮ (-ਸਿਮਰਨ ਦੀ ਦਾਤਿ) ਬਖ਼ਸ਼ ਦਿੱਤੀ ॥੧॥
18642	406	ਕਲਿਜੁਗੁ ਉਧਾਰਿਆ ਗੁਰਦੇਵ॥		Kalijug Oudhhaariaa Guradhaev ||	The Divine Guru is the Saving Grace in this Dark Age of Kali Yuga.	ਹੇ ਸਤਿਗੁਰੂ! ਤੂੰ (ਤਾਂ) ਕਲਿਜੁਗ ਨੂੰ ਭੀ ਬਚਾ ਲਿਆ ਹੈ (ਜਿਸ ਨੂੰ ਹੋਰ ਜੁਗਾਂ ਨਾਲੋਂ ਭੈੜਾ ਸਮਝਿਆ ਜਾਂਦਾ ਹੈ),
18643	406	ਮਲ ਮੂਤ ਮੂੜ ਜਿ ਮੁਘਦ ਹੋਤੇ ਸਭਿ ਲਗੇ ਤੇਰੀ ਸੇਵ॥੧॥ਰਹਾਉ॥	(ਮੁਘਦ) ਮੂਰਖ	Mal Mooth Moorr J Mughadh Hothae Sabh Lagae Thaeree Saev ||1|| Rehaao ||	Even those fools and idiots, stained with feces and urine, have all taken to Your service. ||1||Pause||	(ਜੇਹੜੇ ਭੀ) ਪਹਿਲਾਂ) ਗੰਦੇ ਤੇ ਮੂਰਖ (ਸਨ ਉਹ) ਸਾਰੇ ਤੇਰੀ ਸੇਵਾ ਵਿਚ ਆ ਲੱਗੇ ਹਨ (ਤੇਰੀ ਦੱਸੀ ਪ੍ਰਭੂ ਦੀ ਸੇਵਾ-ਭਗਤੀ ਕਰਨ ਲੱਗ ਪਏ ਹਨ) ॥੧॥ ਰਹਾਉ ॥

18644	406	ਤੂ ਆਪਿ ਕਰਤਾ ਸਭ ਸ੍ਰਿਸਟਿ ਧਰਤਾ ਸਭ ਮਹਿ ਰਹਿਆ ਸਮਾਇ॥		Thoo Aap Karathaa Sabh Srisatt Dhharathaa Sabh Mehi Rehiaa Samaae ||	You Yourself are the Creator, who established the entire world. You are contained in all.	ਹੇ ਪ੍ਰਭੂ! ਤੂੰ ਆਪ ਸਾਰੀ ਸ੍ਰਿਸ਼ਟੀ ਦਾ ਪੈਦਾ ਕਰਨ ਵਾਲਾ ਹੈਂ ਤੂੰ ਆਪ (ਹੀ) ਸਾਰੀ ਸ੍ਰਿਸ਼ਟੀ ਨੂੰ ਆਸਰਾ ਦੇਣ ਵਾਲਾ ਹੈਂ, ਤੂੰ ਆਪ ਹੀ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਹੈਂ,
18645	406	ਧਰਮਰਾਜਾ ਬਿਸਮਾਦੁ ਹੋਆ ਸਭ ਪਈ ਪੈਰੀ ਆਇ॥੨॥		Dhharam Raajaa Bisamaadh Hoaa Sabh Pee Pairee Aae ||2||	The Righteous Judge of Dharma is wonder-struck, at the sight of everyone falling at the Lord's Feet. ||2||	(ਫਿਰ ਕੋਈ ਜੁਗ ਚੰਗਾ ਕਿਵੇਂ? ਤੇ, ਕੋਈ ਜੁਗ ਮਾੜਾ ਕਿਵੇਂ? ਭਾਵੇਂ ਇਸ ਕਲਿਜੁਗ ਨੂੰ ਚੌਹਾਂ ਜੁਗਾਂ ਵਿਚੋਂ ਭੈੜਾ ਕਿਹਾ ਜਾਂਦਾ ਹੈ, ਫਿਰ ਭੀ) ਧਰਮ ਰਾਜ ਹੈਰਾਨ ਹੋ ਰਿਹਾ ਹੈ (ਕਿ ਗੁਰੂ ਦੀ ਕਿਰਪਾ ਨਾਲ ਵਿਕਾਰਾਂ ਵਲੋਂ ਹਟ ਕੇ) ਸਾਰੀ ਲੁਕਾਈ ਤੇਰੀ ਚਰਨੀਂ ਲੱਗ ਰਹੀ ਹੈ। (ਸੋ, ਜੇ ਪੁਰਾਣੇ ਖ਼ਿਆਲਾਂ ਵਲ ਜਾਈਏ ਤਾਂ ਭੀ ਇਹ ਕਲਿਜੁਗ ਮਾੜਾ ਜੁਗ ਨਹੀਂ, ਤੇ ਇਹ ਜੁਗ ਜੀਵਾਂ ਨੂੰ ਮੰਦ-ਕਰਮਾਂ ਵਲ ਨਹੀਂ ਪ੍ਰੇਰਦਾ) ॥੨॥
18646	406	ਸਤਜੁਗੁ ਤ੍ਰੇਤਾ ਦੁਆਪਰੁ ਭਣੀਐ ਕਲਿਜੁਗੁ ਊਤਮੋ ਜੁਗਾ ਮਾਹਿ॥	(ਭਣੀਐ) ਆਖੀਦਾ। ਸਤਜੁੱਗੁ ਕਲਿਜੁੱਗੁ ਜੁੱਗਾਂ	Sathajug Thraethaa Dhuaapar Bhaneeai Kalijug Oothamo Jugaa Maahi ||	The Golden Age of Sat Yuga, the Silver Age of Trayta Yuga, and the Brass Age of Dwaapar Yuga are good; but the best is the Dark Age, the Iron Age, of Kali Yuga.	ਸਤਿਜੁਗ ਨੂੰ, ਤ੍ਰੇਤੇ ਨੂੰ, ਦੁਆਪਰ ਨੂੰ (ਚੰਗਾ) ਜੁਗ ਆਖਿਆ ਜਾਂਦਾ ਹੈ (ਪਰ ਪ੍ਰਤੱਖ ਦਿੱਸ ਰਿਹਾ ਹੈ ਕਿ ਸਗੋਂ) ਕਲਿਜੁਗ ਸਾਰੇ ਜੁਗਾਂ ਵਿਚ ਸ੍ਰੇਸ਼ਟ ਹੈ,

18647	406	ਅਹਿ ਕਰੁ ਕਰੇ ਸੁ ਅਹਿ ਕਰੁ ਪਾਏ ਕੋਈ ਨ ਪਕੜੀਐ ਕਿਸੈ ਥਾਇ॥੩॥	(ਅਹਿ) ਇਸ (ਕਰੁ) ਹੱਥ	Ahi Kar Karae S Ahi Kar Paaeae Koee N Pakarreeai Kisai Thhaae ||3||	As we act, so are the rewards we receive; no one can take the place of another. ||3||	(ਕਿਉਂਕਿ ਇਸ ਜੁਗ ਵਿਚ) ਜੇਹੜਾ ਹੱਥ ਕੋਈ ਕਰਮ ਕਰਦਾ ਹੈ, ਉਹੀ ਹੱਥ ਉਸ ਦਾ ਫ਼ਲ ਭੁਗਤਦਾ ਹੈ। ਕੋਈ ਮਨੁੱਖ ਕਿਸੇ ਹੋਰ ਮਨੁੱਖ ਦੇ ਥਾਂ (ਵਿਕਾਰਾਂ ਦੇ ਕਾਰਨ) ਫੜਿਆ ਨਹੀਂ ਜਾਂਦਾ ॥੩॥
18648	406	ਹਰਿ ਜੀਉ ਸੋਈ ਕਰਹਿ ਜਿ ਭਗਤ ਤੇਰੇ ਜਾਚਹਿ ਏਹੁ ਤੇਰਾ ਬਿਰਦੁ॥		Har Jeeo Soee Karehi J Bhagath Thaerae Jaachehi Eaehu Thaeraa Biradh ||	O Dear Lord, whatever Your devotees ask for, You do. This is Your Way, Your very nature.	(ਕੋਈ ਭੀ ਜੁਗ ਹੋਵੇ, ਤੂੰ ਆਪਣੇ ਭਗਤਾਂ ਦੀ ਲਾਜ ਸਦਾ ਰੱਖਦਾ ਆਇਆ ਹੈਂ) ਤੂੰ ਓਹੀ ਕੁਝ ਕਰਦਾ ਹੈਂ ਜੋ ਤੇਰੇ ਭਗਤ ਤੇਰੇ ਪਾਸੋਂ ਮੰਗਦੇ ਹਨ, ਇਹ ਤੇਰਾ ਮੁਢ ਕਦੀਮਾਂ ਦਾ ਸੁਭਾਉ ਹੈ।
18649	406	ਕਰ ਜੋੜਿ ਨਾਨਕ ਦਾਨੁ ਮਾਗੈ ਅਪਣਿਆ ਸੰਤਾ ਦੇਹਿ ਹਰਿ ਦਰਸੁ॥੪॥੫॥੧੪੦॥		Kar Jorr Naanak Dhaan Maagai Apaniaa Santhaa Dhaehi Har Dharas ||4||5||140||	With my palms pressed together, O Nanak, I beg for this gift; Lord, please bless Your Saints with Your Vision. ||4||5||140||	ਹੇ ਹਰੀ! (ਤੇਰਾ ਦਾਸ ਨਾਨਕ ਭੀ ਆਪਣੇ) ਦੋਵੇਂ ਹੱਥ ਜੋੜ ਕੇ (ਤੇਰੇ ਦਰ ਤੋਂ) ਦਾਨ ਮੰਗਦਾ ਹੈ ਕਿ ਨਾਨਕ ਨੂੰ ਆਪਣੇ ਸੰਤ ਜਨਾਂ ਦਾ ਦਰਸਨ ਦੇਹ ॥੪॥੫॥੧੪੦॥
18650	406	ਰਾਗੁ ਆਸਾ ਮਹਲਾ ੫ ਘਰੁ ੧੩		Raag Aasaa Mehalaa 5 Ghar 13	Raag Aasaa, Fifth Mehl, Thirteenth House:	ਰਾਗ ਆਸਾ, ਘਰ ੧੩ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

18651	406	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
18652	406	ਸਤਿਗੁਰ ਬਚਨ ਤੁਮ੍ਹਾਰੇ॥		Sathigur Bachan Thumhaarae ||	O True Guru, by Your Words,	ਹੇ ਸਤਿਗੁਰੂ! ਤੇਰੇ ਬਚਨਾਂ ਨੇ,
18653	406	ਨਿਰਗੁਣ ਨਿਸਤਾਰੇ॥੧॥ਰਹਾਉ ॥		Niragun Nisathaarae ||1|| Rehaao ||	Even the worthless have been saved. ||1||Pause||	(ਤੇਰੀ ਸਰਨ ਪਏ ਅਨੇਕਾਂ) ਗੁਣ-ਹੀਣ ਬੰਦਿਆਂ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ ॥੧॥ ਰਹਾਉ ॥
18654	406	ਮਹਾ ਬਿਖਾਦੀ ਦੁਸਟ ਅਪਵਾਦੀ ਤੇ ਪੁਨੀਤ ਸੰਗਾਰੇ॥੧॥	(ਬਿਖਾਦੀ) ਖੋਟੇ ਝਗੜਾਲੂ। (ਅਪ-ਵਾਦੀ)ਨਿੰਦਕ। (ਸੰਗਾਰੇ) ਸੰਗਤ ਚ	Mehaa Bikhaadhee Dhusatt Apavaadhee Thae Puneeth Sangaarae ||1||	Even the most argumentative, vicious and indecent people, have been purified in Your company. ||1||	ਹੇ ਸਤਿਗੁਰੂ! ਤੇਰੀ ਸੰਗਤਿ ਵਿਚ ਰਹਿ ਕੇ ਉਹ ਬੰਦੇ ਭੀ ਪਵਿਤ੍ਰ ਆਚਰਣ ਵਾਲੇ ਬਣ ਗਏ ਜੇਹੜੇ ਪਹਿਲਾਂ ਬੜੇ ਖਰ੍ਹਵੇ ਸੁਭਾਵ ਵਾਲੇ ਸਨ, ਭੈੜੇ ਆਚਰਨ ਵਾਲੇ ਸਨ ਤੇ ਮੰਦੇ ਬੋਲ ਬੋਲਣ ਵਾਲੇ ਸਨ ॥੧॥
18655	406	ਜਨਮ ਭਵੰਤੇ ਨਰਕਿ ਪੜੰਤੇ ਤਿਨ ਕੇ ਕੁਲ ਉਧਾਰੇ॥੨॥	ਪੜੰਤੇ: ਝਾੜੇ ਪੈਰ ਹਲੰਤ ਨਹੀਂ ਲਾਉਣਾ	Janam Bhavanthae Narak Parranthae Thinh Kae Kul Oudhhaarae ||2||	Those who have wandered in reincarnation, and those who have been consigned to hell - even their families have been redeemed. ||2||	ਹੇ ਸਤਿਗੁਰੂ! ਤੂੰ ਉਹਨਾਂ ਬੰਦਿਆਂ ਦੀਆਂ ਕੁਲਾਂ ਦੀਆਂ ਕੁਲਾਂ (ਵਿਕਾਰਾਂ ਵਿਚ ਡਿੱਗਣ ਤੋਂ) ਬਚਾ ਲਈਆਂ, ਜੇਹੜੇ ਅਨੇਕਾਂ ਜੂਨਾਂ ਵਿਚ ਭਟਕਦੇ ਆ ਰਹੇ ਸਨ ਤੇ (ਜਨਮ ਮਰਨ ਦੇ ਗੇੜ ਦੇ) ਨਰਕ ਵਿਚ ਪਏ ਆ ਰਹੇ ਸਨ ॥੨॥

18656	406	ਕੋਇ ਨ ਜਾਨੈ ਕੋਇ ਨ ਮਾਨੈ ਸੇ ਪਰਗਟੁ ਹਰਿ ਦੁਆਰੇ॥੩॥		Koe N Jaanai Koe N Maanai Sae Paragatt Har Dhuaarae ||3||	Those whom no one knew, and those whom no one respected - even they have become famous and respected at the Court of the Lord. ||3||	ਹੇ ਸਤਿਗੁਰੂ! ਤੇਰੀ ਮੇਹਰ ਨਾਲ ਉਹ ਮਨੁੱਖ ਭੀ ਪ੍ਰਭੂ ਦੇ ਦਰ ਤੇ ਆਦਰ-ਮਾਣ ਹਾਸਲ ਕਰਨ ਜੋਗੇ ਹੋ ਗਏ, ਜਿਨ੍ਹਾਂ ਨੂੰ ਪਹਿਲਾਂ ਕੋਈ ਜਾਣਦਾ-ਪਛਾਣਦਾ ਨਹੀਂ ਸੀ ਜਿਨ੍ਹਾਂ ਨੂੰ (ਜਗਤ ਵਿਚ) ਕੋਈ ਆਦਰ ਨਹੀਂ ਸੀ ਦੇਂਦਾ ॥੩॥
18657	406	ਕਵਨ ਉਪਮਾ ਦੇਉ ਕਵਨ ਵਡਾਈ ਨਾਨਕ ਖਿਨੁ ਖਿਨੁ ਵਾਰੇ॥੪॥੧॥੧੪੧॥		Kavan Oupamaa Dhaeo Kavan Vaddaaee Naanak Khin Khin Vaarae ||4||1||141||	What praise, and what greatness should I attribute to You? Nanak is a sacrifice to You, each and every moment. ||4||1||141||	ਹੇ ਨਾਨਕ! (ਆਖ-ਹੇ ਸਤਿਗੁਰੂ!) ਮੈਂ ਤੇਰੇ ਵਰਗਾ ਹੋਰ ਕਿਸ ਨੂੰ ਆਖਾਂ? ਮੈਂ ਤੇਰੀ ਕੀਹ ਸਿਫ਼ਤਿ ਕਰਾਂ? ਮੈਂ ਤੈਥੋਂ ਹਰੇਕ ਖਿਨ ਸਦਕੇ ਜਾਂਦਾ ਹਾਂ ॥੪॥੧॥੧੪੧॥
18658	406	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18659	406	ਬਾਵਰ ਸੋਇ ਰਹੇ॥੧॥ਰਹਾਉ॥		Baavar Soe Rehae ||1|| Rehaao ||	The crazy people are asleep. ||1||Pause||	(ਮਾਇਆ ਦੇ ਮੋਹ ਵਿਚ) ਝੱਲੇ ਹੋਏ ਮਨੁੱਖ (ਗ਼ਫ਼ਲਤ ਦੀ ਨੀਂਦ ਵਿਚ) ਸੁੱਤੇ ਰਹਿੰਦੇ ਹਨ ॥੧॥ ਰਹਾਉ ॥

18660	406	ਮੋਹ ਕੁਟੰਬ ਬਿਖੈ ਰਸ ਮਾਤੇ ਮਿਥਿਆ ਗਹਨ ਗਹੇ॥੧॥	(ਮਿਥਿਆ) ਝੂਠੇ (ਗਹਨ) ਬੰਧਨਾਂ ਚ (ਗਹੇ) ਪਕੜੇ ਰਹੇ। ਮਿਥਿਆ	Moh Kuttanb Bikhai Ras Maathae Mithhiaa Gehan Gehae ||1||	They are intoxicated with attachment to their families and sensory pleasures; they are held in the grip of falsehood. ||1||	(ਅਜੇਹੇ ਬੰਦੇ) ਪਰਵਾਰ ਦੇ ਮੋਹ ਅਤੇ ਵਿਸ਼ਿਆਂ ਦੇ ਸੁਆਦਾਂ ਵਿਚ ਮਸਤ ਹੋ ਕੇ ਕੂੜੀਆਂ ਮੱਲਾਂ ਮੱਲਦੇ ਰਹਿੰਦੇ ਹਨ ॥੧॥
18661	406	ਮਿਥਨ ਮਨੋਰਥ ਸੁਪਨ ਆਨੰਦ ਉਲਾਸ ਮਨਿ ਮੁਖਿ ਸਤਿ ਕਹੇ॥੨॥	(ਮਿਥਨ) ਝੂਠੇ (ਮਨੋਰਥ) ਸੰਕਲਪ। (ਉਲਾਸ) ਉਤਸ਼ਾਹ	Mithhan Manorathh Supan Aanandh Oulaas Man Mukh Sath Kehae ||2||	The false desires, and the dream-like delights and pleasures - these, the self-willed manmukhs call true. ||2||	(ਮਾਇਆ ਦੇ ਮੋਹ ਵਿਚ ਪਾਗਲ ਹੋਏ ਮਨ) ਉਹਨਾਂ ਪਦਾਰਥਾਂ ਦੀ ਲਾਲਸਾ ਕਰਦੇ ਰਹਿੰਦੇ ਹਨ ਜਿਨ੍ਹਾਂ ਨਾਲ ਸਾਥ ਨਹੀਂ ਨਿਭਣਾ ਜੋ ਸੁਪਨਿਆਂ ਵਿਚ ਪ੍ਰਤੀਤ ਹੋ ਰਹੇ ਮੌਜ-ਮੇਲਿਆਂ ਵਾਂਗ ਹਨ, (ਅਜੇਹੇ ਬੰਦੇ) ਇਹਨਾਂ ਪਦਾਰਥਾਂ ਨੂੰ ਆਪਣੇ ਮਨ ਵਿਚ ਸਦਾ ਕਾਇਮ ਰਹਿਣ ਵਾਲੇ ਸਮਝਦੇ ਹਨ, ਮੂੰਹੋਂ ਭੀ ਉਹਨਾਂ ਨੂੰ ਹੀ ਪੱਕੇ ਸਾਥੀ ਆਖਦੇ ਹਨ ॥੨॥
18662	406	ਅੰਮ੍ਰਿਤੁ ਨਾਮੁ ਪਦਾਰਥੁ ਸੰਗੇ ਤਿਲੁ ਮਰਮੁ ਨ ਲਹੇ॥੩॥	(ਮਰਮੁ) ਭੇਤ	Anmrith Naam Padhaarathh Sangae Thil Maram N Lehae ||3||	The wealth of the Ambrosial Naam, the Name of the Lord, is with them, but they do not find even a tiny bit of its mystery. ||3||	ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਹੀ ਸਦਾ ਸਾਥ ਦੇਣ ਵਾਲਾ ਪਦਾਰਥ ਹੈ, ਪਰ ਮਾਇਆ ਦੇ ਮੋਹ ਵਿਚ ਝੱਲੇ ਹੋਏ ਮਨੁੱਖ ਇਸ ਹਰਿ-ਨਾਮ ਦਾ ਭੇਤ ਰਤਾ ਭੀ ਨਹੀਂ ਸਮਝਦੇ ॥੩॥

18663	406	ਕਰਿ ਕਿਰਪਾ ਰਾਖੇ ਸਤਸੰਗੇ ਨਾਨਕ ਸਰਣਿ ਆਹੇ॥੪॥੨॥੧੪੨॥		Kar Kirapaa Raakhae Sathasangae Naanak Saran Aahae ||4||2||142||	By Your Grace, O Lord, You save those, who take to the Sanctuary of the Sat Sangat, the True Congregation. ||4||2||142||	(ਜੀਵਾਂ ਦੇ ਭੀ ਕੀਹ ਵੱਸ?) ਹੇ ਨਾਨਕ! ਪ੍ਰਭੂ ਮੇਹਰ ਕਰ ਕੇ ਜਿਨ੍ਹਾਂ ਮਨੁੱਖਾਂ ਨੂੰ ਸਾਧ ਸੰਗਤਿ ਵਿਚ ਰੱਖਦਾ ਹੈ ਉਹੀ ਉਸ ਪ੍ਰਭੂ ਦੀ ਸਰਨ ਆਏ ਰਹਿੰਦੇ ਹਨ ॥੪॥੨॥੧੪੨॥
18664	406	ਆਸਾ ਮਹਲਾ ੫ ਤਿਪਦੇ॥		Aasaa Mehalaa 5 Thipadhae ||	Aasaa, Fifth Mehl, Tipadas:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਤਿਨ ਬੰਦਾਂ ਵਾਲੀ ਬਾਣੀ।
18665	406	ਓਹਾ ਪ੍ਰੇਮ ਪਿਰੀ॥੧॥ਰਹਾਉ॥	(ਪਿਰੀ) ਪਿਆਰਾ। ਤਿ-ਪਦੇ	Ouhaa Praem Piree ||1|| Rehaao ||	I seek the Love of my Beloved. ||1||Pause||	(ਮੈਨੂੰ ਤਾਂ) ਪਿਆਰੇ (ਪ੍ਰਭੂ) ਦਾ ਉਹ ਪ੍ਰੇਮ ਹੀ (ਚਾਹੀਦਾ ਹੈ) ॥੧॥ ਰਹਾਉ ॥
18666	406	ਕਨਿਕ ਮਾਣਿਕ ਗਜ ਮੋਤੀਅਨ ਲਾਲਨ ਨਹ ਨਾਹ ਨਹੀ॥੧॥	(:ਪੋਲਾ ਬੋਲੋ ਗਜ) ਹਾਥੀ ਮੋਤੀ ਲਾਲਾਂ ਦੇ ਲੱਦੇ	Kanik Maanik Gaj Motheean Laalan Neh Naah Nehee ||1||	Gold, jewels, giant pearls and rubies - I have no need for them. ||1||	(ਪ੍ਰਭੂ ਦੇ ਪਿਆਰ ਦੇ ਟਾਕਰੇ ਤੇ) ਸੋਨਾ, ਮੋਤੀ, ਵੱਡੇ ਵੱਡੇ ਮੋਤੀ, ਹੀਰੇ-ਲਾਲ-ਮੈਨੂੰ ਇਹਨਾਂ ਵਿਚੋਂ ਕੋਈ ਭੀ ਚੀਜ਼ ਨਹੀਂ ਚਾਹੀਦੀ, ਨਹੀਂ ਚਾਹੀਦੀ ॥੧॥
18667	406	ਰਾਜਨ ਭਾਗਨ ਹੁਕਮ ਨ ਸਾਦਨ॥	(ਸਾਦਨ)ਮਹਲ, ਸੁਆਦ	Raajhan Bhaaghan Hukam N Saadhan	Imperial power fortunes royal command and mansions.	(ਪ੍ਰਭੂ-ਪਿਆਰ ਦੇ ਥਾਂ) ਨਾਹ ਰਾਜ, ਨਾਹ ਧਨ-ਪਦਾਰਥ, ਨਾਹ ਹੁਕੂਮਤ ਨਾਹ ਸੁਆਦਲੇ ਖਾਣੇ,
18668	407	ਕਿਛੁ ਕਿਛੁ ਨ ਚਾਹੀ॥੨॥		Kishh Kishh N Chaahee ||2||	I have no desire for these. ||2||	,ਮੈਨੂੰ ਕਿਸੇ ਚੀਜ਼ ਦੀ ਭੀ ਲੋੜ ਨਹੀਂ ॥੨॥

18669	407	ਚਰਨਨ ਸਰਨਨ ਸੰਤਨ ਬੰਦਨ॥		Charanan Saranan Santhan Bandhan ||	The Sanctuary of the Lord's Feet, and dedication to the Saints	ਸੰਤ ਜਨਾਂ ਦੇ ਚਰਨਾਂ ਦੀ ਸਰਨ, ਸੰਤ ਜਨਾਂ ਦੇ ਚਰਨਾਂ ਤੇ ਨਮਸਕਾਰ,
18670	407	ਸੁਖੋ ਸੁਖੁ ਪਾਹੀ॥		Sukho Sukh Paahee ||	These bring me peace and pleasure.	ਇਸ ਵਿਚ ਮੈਂ ਸੁਖ ਹੀ ਸੁਖ ਅਨੁਭਵ ਕਰਦਾ ਹਾਂ।
18671	407	ਨਾਨਕ ਤਪਤਿ ਹਰੀ॥	(ਹਰੀ) ਦੂਰ ਕੀਤੀ	Naanak Thapath Haree ||	O Nanak, my burning fire has been put out,	ਹੇ ਨਾਨਕ! ਉਹ ਮਨ ਵਿਚੋਂ ਤ੍ਰਿਸ਼ਨਾ ਦੀ ਸੜਨ ਦੂਰ ਕਰ ਦੇਂਦਾ ਹੈ,
18672	407	ਮਿਲੇ ਪ੍ਰੇਮ ਪਿਰੀ॥੩॥੩॥੧੪੩॥	(ਪਿਰੀ) ਪਿਆਰੇ	Milae Praem Piree ||3||3||143||	Obtaining the Love of the Beloved. ||3||3||143||	ਜੇ ਪਿਆਰੇ ਪ੍ਰਭੂ ਦਾ ਪ੍ਰੇਮ ਮਿਲ ਜਾਏ ॥੩॥੩॥੧੪੩॥
18673	407	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18674	407	ਗੁਰਹਿ ਦਿਖਾਇਓ ਲੋਇਨਾ॥੧॥ਰਹਾਉ॥	(ਲੋਇਨਾ) ਪ੍ਰਕਾਸ਼ ਸਰੂਪ ਵਾਹਿਗੁਰੂ ਜੀ	Gurehi Dhikhaaeiou Loeinaa ||1|| Rehaao ||	The Guru has revealed Him to my eyes. ||1||Pause||	(ਹੇ ਮੋਹਨ-ਪ੍ਰਭੂ!) ਗੁਰੂ ਨੇ ਮੈਨੂੰ ਇਹਨਾਂ ਅੱਖਾਂ ਨਾਲ ਤੇਰਾ ਦਰਸਨ ਕਰਾ ਦਿੱਤਾ ਹੈ ॥੧॥ ਰਹਾਉ ॥
18675	407	ਈਤਹਿ ਊਤਹਿ ਘਟਿ ਘਟਿ ਘਟਿ ਘਟਿ ਤੂੰਹੀ ਤੂੰਹੀ ਮੋਹਿਨਾ॥੧॥		Eethehi Oothehi Ghatt Ghatt Ghatt Ghatt Thoonhee Thoonhee Mohinaa ||1||	Here and there, in each and every heart, and each and every being, You, O Fascinating Lord, You exist. ||1||	(ਹੁਣ) ਹੇ ਮੋਹਨ! ਇਸ ਲੋਕ ਵਿਚ, ਪਰਲੋਕ ਵਿਚ, ਹਰੇਕ ਸਰੀਰ ਵਿਚ, ਹਰੇਕ ਹਿਰਦੇ ਵਿਚ (ਮੈਨੂੰ) ਤੂੰ ਹੀ ਦਿੱਸ ਰਿਹਾ ਹੈਂ ॥੧॥

18676	407	ਕਾਰਨ ਕਰਨਾ ਧਾਰਨ ਧਰਨਾ ਏਕੈ ਏਕੈ ਸੋਹਿਨਾ॥੨॥		Kaaran Karanaa Dhhaaran Dhharanaa Eaekai Eaekai Sohinaa ||2||	You are the Creator, the Cause of causes, the Support of the earth; You are the One and only, Beauteous Lord. ||2||	(ਹੁਣ) ਹੇ ਸੋਹਣੇ ਪ੍ਰਭੂ! (ਮੈਨੂੰ ਨਿਸ਼ਚਾ ਆ ਗਿਆ ਹੈ ਕਿ) ਇਕ ਤੂੰ ਹੀ ਸਾਰੇ ਜਗਤ ਦਾ ਮੂਲ ਰਚਨ ਵਾਲਾ ਹੈਂ, ਇਕ ਤੂੰ ਹੀ ਸਾਰੀ ਸ੍ਰਿਸ਼ਟੀ ਨੂੰ ਸਹਾਰਾ ਦੇਣ ਵਾਲਾ ਹੈਂ ॥੨॥
18677	407	ਸੰਤਨ ਪਰਸਨ ਬਲਿਹਾਰੀ ਦਰਸਨ ਨਾਨਕ ਸੁਖਿ ਸੁਖਿ ਸੋਇਨਾ॥੩॥੪॥੧੪੪॥	(ਸੋਇਨਾ) ਲੀਨ	Santhan Parasan Balihaaree Dharasan Naanak Sukh Sukh Soeinaa ||3||4||144||	Meeting the Saints, and beholding the Blessed Vision of their Darshan, Nanak is a sacrifice to them; he sleeps in absolute peace. ||3||4||144||	ਹੇ ਨਾਨਕ! (ਆਖ-ਹੇ ਮੋਹਨ ਪ੍ਰਭੂ!) ਮੈਂ ਤੇਰੇ ਸੰਤਾਂ ਦੇ ਚਰਨ ਛੂੰਹਦਾ ਹਾਂ ਉਹਨਾਂ ਦੇ ਦਰਸਨ ਤੋਂ ਸਦਕੇ ਜਾਂਦਾ ਹਾਂ (ਸੰਤਾਂ ਦੀ ਕਿਰਪਾ ਨਾਲ ਹੀ ਤੇਰਾ ਮਿਲਾਪ ਹੁੰਦਾ ਹੈ, ਤੇ) ਸਦਾ ਲਈ ਆਤਮਕ ਆਨੰਦ ਵਿਚ ਲੀਨਤਾ ਪ੍ਰਾਪਤ ਹੁੰਦੀ ਹੈ ॥੩॥੪॥੧੪੪॥
18678	407	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18679	407	ਹਰਿ ਹਰਿ ਨਾਮੁ ਅਮੋਲਾ॥		Har Har Naam Amolaa ||	The Name of the Lord, Har, Har, is priceless.	ਜਿਸ ਮਨੁੱਖ ਨੂੰ ਪਰਮਾਤਮਾ ਦਾ ਅਮੋਲਕ ਨਾਮ ਪ੍ਰਾਪਤ ਹੋ ਜਾਂਦਾ ਹੈ,
18680	407	ਓਹੁ ਸਹਜਿ ਸੁਹੇਲਾ॥੧॥ਰਹਾਉ॥		Ouhu Sehaj Suhaelaa ||1|| Rehaao ||	It brings peace and poise. ||1||Pause||	ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ਉਹ ਮਨੁੱਖ ਸੌਖਾ ਜੀਵਨ ਬਿਤੀਤ ਕਰਦਾ ਹੈ ॥੧॥ ਰਹਾਉ ॥

18681	407	ਸੰਗਿ ਸਹਾਈ ਛੋਡਿ ਨ ਜਾਈ ਓਹੁ ਅਗਹ ਅਤੋਲਾ॥੧॥	ਅ-ਗਹ	Sang Sehaaee Shhodd N Jaaee Ouhu Ageh Atholaa ||1||	The Lord is my Companion and Helper; He shall not forsake me or leave me. He is unfathomable and unequalled. ||1||	ਪਰਮਾਤਮਾ ਹੀ ਸਦਾ ਨਾਲ ਰਹਿਣ ਵਾਲਾ ਸਾਥੀ ਹੈ, ਉਹ ਕਦੇ ਛੱਡ ਨਹੀਂ ਜਾਂਦਾ, ਪਰ ਉਹ (ਕਿਸੇ ਚਤੁਰਾਈ ਸਿਆਣਪ ਨਾਲ) ਵੱਸ ਵਿਚ ਨਹੀਂ ਆਉਂਦਾ ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ ॥੧॥
18682	407	ਪ੍ਰੀਤਮੁ ਭਾਈ ਬਾਪੁ ਮੋਰੋ ਮਾਈ ਭਗਤਨ ਕਾ ਓਲ੍ਹਾ॥੨॥	(ਓਲ੍ਹਾ) ਆਸਰਾ	Preetham Bhaaee Baap Moro Maaee Bhagathan Kaa Oulhaa ||2||	He is my Beloved, my brother, father and mother; He is the Support of His devotees. ||2||	ਉਹ ਪਰਮਾਤਮਾ ਹੀ ਮੇਰਾ ਪ੍ਰੀਤਮ ਹੈ ਮੇਰਾ ਭਰਾ ਹੈ ਮੇਰਾ ਪਿਉ ਹੈ ਤੇ ਮੇਰੀ ਮਾਂ ਹੈ, ਉਹ ਪਰਮਾਤਮਾ ਹੀ ਆਪਣੇ ਭਗਤਾਂ (ਦੀ ਜ਼ਿੰਦਗੀ) ਦਾ ਸਹਾਰਾ ਹੈ ॥੨॥
18683	407	ਅਲਖੁ ਲਖਾਇਆ ਗੁਰ ਤੇ ਪਾਇਆ ਨਾਨਕ ਇਹੁ ਹਰਿ ਕਾ ਚੋਲ੍ਹਾ॥੩॥੫॥੧੪੫॥	(ਚੋਲ੍ਹਾ) ਚੋਹਲ, ਕੌਤਕ। ਅ-ਲਖੁ: ਪੋਲਾ ਬੋਲੋ	Alakh Lakhaaeiaa Gur Thae Paaeiaa Naanak Eihu Har Kaa Cholhaa ||3||5||145||	The Invisible Lord is seen through the Guru; O Nanak, this is the wondrous play of the Lord. ||3||5||145||	ਹੇ ਨਾਨਕ! (ਆਖ-ਹੇ ਭਾਈ!) ਉਸ ਪਰਮਾਤਮਾ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਗੁਰੂ ਨੇ ਮੈਨੂੰ ਉਸ ਦੀ ਸਮਝ ਬਖ਼ਸ਼ ਦਿੱਤੀ ਹੈ, ਗੁਰੂ ਪਾਸੋਂ ਮੈਂ ਉਸ ਦਾ ਮਿਲਾਪ ਹਾਸਲ ਕੀਤਾ ਹੈ। ਇਹ ਉਸ ਪਰਮਾਤਮਾ ਦਾ ਇਕ ਅਜਬ ਤਮਾਸ਼ਾ ਹੈ (ਕਿ ਗੁਰੂ ਦੀ ਰਾਹੀਂ ਮਿਲ ਪੈਂਦਾ ਹੈ) ॥੩॥੫॥੧੪੫॥
18684	407	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

18685	407	ਆਪੁਨੀ ਭਗਤਿ ਨਿਬਾਹਿ॥		Aapunee Bhagath Nibaahi ||	Please help me sustain my devotion.	ਮੈਨੂੰ ਆਪਣੀ ਭਗਤੀ ਸਦਾ ਦੇਈ ਰੱਖ!
18686	407	ਠਾਕੁਰ ਆਇਓ ਆਹਿ॥੧॥ਰਹਾਉ॥		Thaakur Aaeiou Aahi ||1|| Rehaao ||	O Lord Master, I have come to You. ||1||Pause||	ਹੇ ਮੇਰੇ ਮਾਲਕ! ਮੈਂ ਤਾਂਘ ਕਰ ਕੇ (ਤੇਰੀ ਸਰਨ) ਆਇਆ ਹਾਂ੧ ॥੧॥ ਰਹਾਉ ॥
18687	407	ਨਾਮੁ ਪਦਾਰਥੁ ਹੋਇ ਸਕਾਰਥੁ ਹਿਰਦੈ ਚਰਨ ਬਸਾਹਿ॥੧॥	(ਸਕਾਰਥੁ) ਸਫਲ	Naam Padhaarathh Hoe Sakaarathh Hiradhai Charan Basaahi ||1||	With the wealth of the Naam, the Name of the Lord, life becomes fruitful. Lord, please place Your Feet within my heart. ||1||	ਹੇ ਮੇਰੇ ਮਾਲਕ! ਆਪਣੇ ਚਰਨ ਮੇਰੇ ਹਿਰਦੇ ਵਿਚ ਵਸਾਈ ਰੱਖ, ਮੈਨੂੰ ਆਪਣਾ ਕੀਮਤੀ ਨਾਮ ਦੇਈ ਰੱਖ, ਤਾਕਿ ਮੇਰਾ ਜੀਵਨ ਸਫਲ ਹੋ ਜਾਏ ॥੧॥
18688	407	ਏਹ ਮੁਕਤਾ ਏਹ ਜੁਗਤਾ ਰਾਖਹੁ ਸੰਤਸੰਗਾਹਿ॥੨॥	(ਸੰਤਸੰਗਾਹਿ) ਸੰਤਸੰਗਤ	Eaeh Mukathaa Eaeh Jugathaa Raakhahu Santh Sangaahi ||2||	This is liberation, and this is the best way of life; please, keep me in the Society of the Saints. ||2||	ਹੇ ਮੇਰੇ ਮਾਲਕ! ਮੈਨੂੰ ਆਪਣੇ ਸੰਤਾਂ ਦੀ ਸੰਗਤਿ ਵਿਚ ਰੱਖੀ ਰੱਖ, ਇਹੀ ਮੇਰੇ ਵਾਸਤੇ ਮੁਕਤੀ ਹੈ, ਤੇ ਇਹੀ ਮੇਰੇ ਵਾਸਤੇ ਜੀਵਨ-ਚੱਜ ਹੈ ॥੨॥
18689	407	ਨਾਮੁ ਧਿਆਵਉ ਸਹਜਿ ਸਮਾਵਉ ਨਾਨਕ ਹਰਿ ਗੁਨ ਗਾਹਿ॥੩॥੬॥੧੪੬॥		Naam Dhhiaavo Sehaj Samaavo Naanak Har Gun Gaahi ||3||6||146||	Meditating on the Naam, I am absorbed in celestial peace; O Nanak, I sing the Glorious Praises of the Lord. ||3||6||146||	ਹੇ ਨਾਨਕ! (ਆਖ-) ਹੇ ਹਰੀ! (ਮੇਹਰ ਕਰ) ਤੇਰੇ ਗੁਣਾਂ ਵਿਚ ਚੁੱਭੀ ਲਾ ਕੇ ਮੈਂ ਤੇਰਾ ਨਾਮ ਸਿਮਰਦਾ ਰਹਾਂ ਤੇ ਆਤਮਕ ਅਡੋਲਤਾ ਵਿਚ ਟਿਕਿਆ ਰਹਾਂ ॥੩॥੬॥੧੪੬॥
18690	407	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

18691	407	ਠਾਕੁਰ ਚਰਣ ਸੁਹਾਵੇ॥		Thaakur Charan Suhaavae ||	The Feet of my Lord and Master are so Beautiful!	ਮਾਲਕ-ਪ੍ਰਭੂ ਦੇ ਚਰਨ ਸੋਹਣੇ ਹਨ,
18692	407	ਹਰਿ ਸੰਤਨ ਪਾਵੇ॥੧॥ਰਹਾਉ॥		Har Santhan Paavae ||1|| Rehaao ||	The Lord's Saints obtain them. ||1||Pause||	ਤੇ ਪ੍ਰਭੂ ਦੇ ਸੰਤਾਂ ਨੂੰ ਇਹਨਾਂ ਦਾ ਮਿਲਾਪ ਪ੍ਰਾਪਤ ਹੁੰਦਾ ਹੈ ॥੧॥ ਰਹਾਉ ॥
18693	407	ਆਪੁ ਗਵਾਇਆ ਸੇਵ ਕਮਾਇਆ ਗੁਨ ਰਸਿ ਰਸਿ ਗਾਵੇ॥੧॥		Aap Gavaaeiaa Saev Kamaaeiaa Gun Ras Ras Gaavae ||1||	They eradicate their self-conceit and serve the Lord; drenched in His Love, they sing His Glorious Praises. ||1||	(ਪਰਮਾਤਮਾ ਦੇ ਸੰਤ) ਆਪਾ-ਭਾਵ ਦੂਰ ਕਰ ਕੇ ਪਰਮਾਤਮਾ ਦੀ ਸੇਵਾ-ਭਗਤੀ ਕਰਦੇ ਹਨ ਤੇ ਉਸ ਦੇ ਗੁਣ ਬੜੇ ਆਨੰਦ ਨਾਲ ਗਾਂਦੇ ਰਹਿੰਦੇ ਹਨ ॥੧॥
18694	407	ਏਕਹਿ ਆਸਾ ਦਰਸ ਪਿਆਸਾ ਆਨ ਨ ਭਾਵੇ॥੨॥		Eaekehi Aasaa Dharas Piaasaa Aan N Bhaavae ||2||	They place their hopes in Him, and they thirst for the Blessed Vision of His Darshan. Nothing else is pleasing to them. ||2||	(ਪਰਮਾਤਮਾ ਦੇ ਸੰਤਾਂ ਨੂੰ) ਇਕ ਪਰਮਾਤਮਾ ਦੀ (ਸਹਾਇਤਾ ਦੀ) ਹੀ ਆਸਾ ਟਿਕੀ ਰਹਿੰਦੀ ਹੈ, ਉਹਨਾਂ ਨੂੰ ਪਰਮਾਤਮਾ ਦੇ ਦਰਸਨ ਦੀ ਤਾਂਘ ਲੱਗੀ ਰਹਿੰਦੀ ਹੈ (ਇਸ ਤੋਂ ਬਿਨਾ) ਕੋਈ ਹੋਰ (ਦੁਨੀਆ ਵਾਲੀ ਆਸ) ਚੰਗੀ ਨਹੀਂ ਲੱਗਦੀ ॥੨॥

18695	407	ਦਇਆ ਤੁਹਾਰੀ ਕਿਆ ਜੰਤ ਵਿਚਾਰੀ ਨਾਨਕ ਬਲਿ ਬਲਿ ਜਾਵੇ॥੩॥੭॥੧੪੭॥		Dhaeiaa Thuhaaree Kiaa Janth Vichaaree Naanak Bal Bal Jaavae ||3||7||147||	This is Your Mercy, Lord; what can Your poor creatures do? Nanak is devoted, a sacrifice to You. ||3||7||147||	ਹੇ ਨਾਨਕ! (ਆਖ-ਹੇ ਪ੍ਰਭੂ! ਤੇਰੇ ਸੰਤਾਂ ਦੇ ਹਿਰਦੇ ਵਿਚ ਤੇਰੇ ਚਰਨਾਂ ਦਾ ਪ੍ਰੇਮ ਹੋਣਾ-ਇਹ) ਤੇਰੀ ਹੀ ਮੇਹਰ ਹੈ (ਨਹੀਂ ਤਾਂ) ਵਿਚਾਰੇ ਜੀਵਾਂ ਦਾ ਕੀਹ ਜ਼ੋਰ ਹੈ। ਹੇ ਪ੍ਰਭੂ! ਮੈਂ ਤੈਥੋਂ ਕੁਰਬਾਨ ਜਾਂਦਾ ਹਾਂ ॥੩॥੭॥੧੪੭॥
18696	407	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18697	407	ਏਕੁ ਸਿਮਰਿ ਮਨ ਮਾਹੀ॥੧॥ਰਹਾਉ॥		Eaek Simar Man Maahee ||1|| Rehaao ||	Remember the One Lord in meditation within your mind. ||1||Pause||	(ਆਪਣੇ) ਮਨ ਵਿਚ ਇਕ ਪਰਮਾਤਮਾ ਨੂੰ ਸਿਮਰਦਾ ਰਹੁ ॥੧॥ ਰਹਾਉ ॥
18698	407	ਨਾਮੁ ਧਿਆਵਹੁ ਰਿਦੈ ਬਸਾਵਹੁ ਤਿਸੁ ਬਿਨੁ ਕੋ ਨਾਹੀ॥੧॥		Naam Dhhiaavahu Ridhai Basaavahu This Bin Ko Naahee ||1||	Meditate on the Naam, the Name of the Lord, and enshrine Him within your heart. Without Him there is no other. ||1||	ਪਰਮਾਤਮਾ ਦਾ ਨਾਮ ਸਿਮਰਿਆ ਕਰੋ, ਹਰਿ-ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖੋ। ਪਰਮਾਤਮਾ ਤੋਂ ਬਿਨਾ ਹੋਰ ਕੋਈ (ਸਹਾਈ) ਨਹੀਂ ਹੈ ॥੧॥
18699	407	ਪ੍ਰਭ ਸਰਨੀ ਆਈਐ ਸਰਬ ਫਲ ਪਾਈਐ ਸਗਲੇ ਦੁਖ ਜਾਹੀ॥੨॥		Prabh Saranee Aaeeai Sarab Fal Paaeeai Sagalae Dhukh Jaahee ||2||	Entering God's Sanctuary, all rewards are obtained, and all pains are taken away. ||2||	ਆਓ ਪਰਮਾਤਮਾ ਦੀ ਸਰਨ ਪਏ ਰਹੀਏ (ਤੇ ਪਰਮਾਤਮਾ ਪਾਸੋਂ) ਸਾਰੇ ਫਲ ਹਾਸਲ ਕਰੀਏ। (ਪਰਮਾਤਮਾ ਦੀ ਸਰਨ ਪਿਆਂ) ਸਾਰੇ ਦੁੱਖ ਦੂਰ ਹੋ ਜਾਂਦੇ ਹਨ ॥੨॥

18700	407	ਜੀਅਨ ਕੋ ਦਾਤਾ ਪੁਰਖੁ ਬਿਧਾਤਾ ਨਾਨਕ ਘਟਿ ਘਟਿ ਆਹੀ॥੩॥੮॥੧੪੮॥	(ਬਿਧਾਤਾ) ਸਿਰਜਣਹਾਰ। (ਆਹੀ) ਵਿਆਪਕ ਹੈ	Jeean Ko Dhaathaa Purakh Bidhhaathaa Naanak Ghatt Ghatt Aahee ||3||8||148||	He is the Giver of all beings, the Architect of Destiny; O Nanak, He is contained in each and every heart. ||3||8||148||	ਹੇ ਨਾਨਕ! (ਆਖ-) ਸਿਰਜਨਹਾਰ ਅਕਾਲ ਪੁਰਖ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ, ਉਹ ਹਰੇਕ ਸਰੀਰ ਵਿਚ ਮੌਜੂਦ ਹੈ ॥੩॥੮॥੧੪੮॥
18701	407	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18702	407	ਹਰਿ ਬਿਸਰਤ ਸੋ ਮੂਆ॥੧॥ਰਹਾਉ॥		Har Bisarath So Mooaa ||1|| Rehaao ||	One who forgets the Lord is dead. ||1||Pause||	ਜਿਸ ਮਨੁੱਖ ਨੂੰ ਪਰਮਾਤਮਾ ਦੀ ਯਾਦ ਭੁੱਲ ਗਈ ਉਹ ਆਤਮਕ ਮੌਤੇ ਮਰ ਗਿਆ ॥੧॥ ਰਹਾਉ ॥
18703	407	ਨਾਮੁ ਧਿਆਵੈ ਸਰਬ ਫਲ ਪਾਵੈ ਸੋ ਜਨੁ ਸੁਖੀਆ ਹੂਆ॥੧॥		Naam Dhhiaavai Sarab Fal Paavai So Jan Sukheeaa Hooaa ||1||	One who meditates on the Naam, the Name of the Lord, obtains all rewards. That person becomes happy. ||1||	ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ, ਉਹ ਸਾਰੇ (ਮਨ-ਇੱਛਤ) ਫਲ ਹਾਸਲ ਕਰ ਲੈਂਦਾ ਹੈ ਤੇ ਸੌਖਾ ਜੀਵਨ ਗੁਜ਼ਾਰਦਾ ਹੈ ॥੧॥

18704	407	ਰਾਜੁ ਕਹਾਵੈ ਹਉ ਕਰਮ ਕਮਾਵੈ ਬਾਧਿਓ ਨਲਿਨੀ ਭ੍ਰਮਿ ਸੂਆ॥੨॥	(ਸੂਆ) ਤੋਤਾ। ਬੱਾਧਿਓ	Raaj Kehaavai Ho Karam Kamaavai Baadhhiou Nalinee Bhram Sooaa ||2||	One who calls himself a king, and acts in ego and pride, is caught by his doubts, like a parrot in a trap. ||2||	(ਪਰ, ਪਰਮਾਤਮਾ ਦਾ ਨਾਮ ਵਿਸਾਰ ਕੇ ਜੇਹੜਾ ਮਨੁੱਖ ਆਪਣੇ ਆਪ ਨੂੰ) ਰਾਜਾ (ਭੀ) ਅਖਵਾਂਦਾ ਹੈ ਉਹ ਅਹੰਕਾਰ ਪੈਦਾ ਕਰਨ ਵਾਲੇ ਕੰਮ (ਹੀ) ਕਰਦਾ ਹੈ ਉਹ (ਰਾਜ ਦੇ ਮਾਣ ਵਿਚ ਇਉਂ) ਬੱਝਾ ਰਹਿੰਦਾ ਹੈ ਜਿਵੇਂ (ਡੁੱਬਣ ਤੋਂ ਬਚੇ ਰਹਿਣ ਦੇ) ਵਹਿਮ ਵਿਚ ਤੋਤਾ ਨਲਕੀ ਨਾਲ ਚੰਬੜਿਆ ਰਹਿੰਦਾ ਹੈ ॥੨॥
18705	407	ਕਹੁ ਨਾਨਕ ਜਿਸੁ ਸਤਿਗੁਰੁ ਭੇਟਿਆ ਸੋ ਜਨੁ ਨਿਹਚਲੁ ਥੀਆ॥੩॥੯॥੧੪੯॥	(ਭੇਟਿਆ) ਮਿਲੇ	Kahu Naanak Jis Sathigur Bhaettiaa So Jan Nihachal Thheeaa ||3||9||149||	Says Nanak, one who meets the True Guru, becomes permanent and immortal. ||3||9||149||	ਨਾਨਕ ਆਖਦਾ ਹੈ- ਜਿਸ ਮਨੁੱਖ ਨੂੰ ਸਤਿਗੁਰੂ ਮਿਲ ਪੈਂਦਾ ਹੈ ਉਹ ਮਨੁੱਖ ਅਟੱਲ ਆਤਮਕ ਜੀਵਨ ਵਾਲਾ ਬਣ ਜਾਂਦਾ ਹੈ ॥੩॥੯॥੧੪੯॥
18706	407	ਆਸਾ ਮਹਲਾ ੫ ਘਰੁ ੧੪		Aasaa Mehalaa 5 Ghar 14	Aasaa, Fifth Mehl, Fourteenth House:	ਰਾਗ ਆਸਾ, ਘਰ ੧੪ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18707	407	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
18708	407	ਓਹੁ ਨੇਹੁ ਨਵੇਲਾ॥	(ਨਵੇਲਾ) ਨਵਾਂ। (ਦੂਜਾ ਪਾਠ: ਨ ਵੇਲਾ, ਤੀਜਾ ਪਾਠ: ਓ ਹੁਨੇ ਹੁਨ ਵੇਲਾ)	Ouhu Naehu Navaelaa ||	That love is forever fresh and new,	ਉਹ ਪਿਆਰ ਸਦਾ ਨਵਾਂ ਰਹਿੰਦਾ ਹੈ (ਦੁਨੀਆ ਵਾਲੇ ਪਿਆਰ ਛੇਤੀ ਹੀ ਫਿੱਕੇ ਪੈ ਜਾਂਦੇ ਹਨ),

18709	407	ਅਪੁਨੇ ਪ੍ਰੀਤਮ ਸਿਉ ਲਾਗਿ ਰਹੈ॥੧॥ਰਹਾਉ॥		Apunae Preetham Sio Laag Rehai ||1|| Rehaao ||	Which is for the Beloved Lord. ||1||Pause||	ਜੇਹੜਾ ਪਿਆਰ ਪਿਆਰੇ ਪ੍ਰੀਤਮ ਪ੍ਰਭੂ ਨਾਲ ਬਣਿਆ ਰਹਿੰਦਾ ਹੈ ॥੧॥ ਰਹਾਉ ॥
18710	407	ਜੋ ਪ੍ਰਭ ਭਾਵੈ ਜਨਮਿ ਨ ਆਵੈ॥		Jo Prabh Bhaavai Janam N Aavai ||	One who is pleasing to God shall not be reincarnated again.	ਜੇਹੜਾ ਮਨੁੱਖ ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ (ਉਹ ਉਸ ਪਿਆਰ ਦੀ ਬਰਕਤਿ ਨਾਲ ਮੁੜ ਮੁੜ) ਜਨਮ ਵਿਚ ਨਹੀਂ ਆਉਂਦਾ।
18711	407	ਹਰਿ ਪ੍ਰੇਮ ਭਗਤਿ ਹਰਿ ਪ੍ਰੀਤਿ ਰਚੈ॥੧॥		Har Praem Bhagath Har Preeth Rachai ||1||	He remains absorbed in the loving devotional worship of the Lord, in the Love of the Lord. ||1||	ਜਿਸ ਮਨੁੱਖ ਨੂੰ ਹਰੀ ਦਾ ਪ੍ਰੇਮ ਪ੍ਰਾਪਤ ਹੋ ਜਾਂਦਾ ਹੈ ਹਰੀ ਦੀ ਭਗਤੀ ਪ੍ਰਾਪਤ ਹੋ ਜਾਂਦੀ ਹੈ ਉਹ (ਸਦਾ) ਹਰੀ ਦੀ ਪ੍ਰੀਤ ਵਿਚ ਮਸਤ ਰਹਿੰਦਾ ਹੈ ॥੧॥
18712	408	ਪ੍ਰਭ ਸੰਗਿ ਮਿਲੀਜੈ ਇਹੁ ਮਨੁ ਦੀਜੈ॥		Prabh Sang Mileejai Eihu Man Dheejai ||	He is blended with God, by dedicating his mind to Him.	(ਪਰ, ਇਸ ਪਿਆਰ ਦਾ ਮੁੱਲ ਭੀ ਦੇਣਾ ਪੈਂਦਾ ਹੈ) ਪ੍ਰਭੂ (ਦੇ ਚਰਨਾਂ) ਵਿਚ (ਤਦੋਂ ਹੀ) ਮਿਲ ਸਕੀਦਾ ਹੈ ਜੇ (ਆਪਣਾ) ਇਹ ਮਨ ਹਵਾਲੇ ਕਰ ਦੇਈਏ,
18713	408	ਨਾਨਕ ਨਾਮੁ ਮਿਲੈ ਅਪਨੀ ਦਇਆ ਕਰਹੁ॥੨॥੧॥੧੫੦॥		Naanak Naam Milai Apanee Dhaeiaa Karahu ||2||1||150||	Bless Nanak with Your Name, O Lord - please, shower Your Mercy upon him! ||2||1||150||	(ਇਹ ਗੱਲ ਪਰਮਾਤਮਾ ਦੀ ਮੇਹਰ ਨਾਲ ਹੀ ਹੋ ਸਕਦੀ ਹੈ, ਤਾਂ ਤੇ) ਹੇ ਨਾਨਕ! (ਅਰਦਾਸ ਕਰ ਤੇ ਆਖ-ਹੇ ਪ੍ਰਭੂ!) ਆਪਣੀ ਮੇਹਰ ਕਰ (ਤਾ ਕਿ ਤੇਰੇ ਦਾਸ) ਨਾਨਕ ਨੂੰ ਤੇਰਾ ਨਾਮ (ਤੇਰੇ ਨਾਮ ਦਾ ਪਿਆਰ) ਪ੍ਰਾਪਤ ਹੋ ਜਾਏ ॥੨॥੧॥੧੫੦॥

18714	408	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18715	408	ਮਿਲੁ ਰਾਮ ਪਿਆਰੇ ਤੁਮ ਬਿਨੁ ਧੀਰਜੁ ਕੋ ਨ ਕਰੈ॥੧॥ਰਹਾਉ॥		Mil Raam Piaarae Thum Bin Dhheeraj Ko N Karai ||1|| Rehaao ||	Please, come to me, O Beloved Lord; without You, no one can comfort me. ||1||Pause||	ਹੇ ਮੇਰੇ ਪਿਆਰੇ ਰਾਮ! (ਮੈਨੂੰ) ਮਿਲ! ਤੇਰੇ ਮਿਲਾਪ ਤੋਂ ਬਿਨਾ ਹੋਰ ਕੋਈ ਭੀ (ਉੱਦਮ) ਮੇਰੇ ਮਨ ਵਿਚ ਸ਼ਾਂਤੀ ਪੈਦਾ ਨਹੀਂ ਕਰ ਸਕਦਾ ॥੧॥ ਰਹਾਉ ॥
18716	408	ਸਿੰਮ੍ਰਿਤਿ ਸਾਸਤ੍ਰ ਬਹੁ ਕਰਮ ਕਮਾਏ ਪ੍ਰਭ ਤੁਮਰੇ ਦਰਸ ਬਿਨੁ ਸੁਖੁ ਨਾਹੀ॥੧॥	ਸਿੰਮ੍ਰਿਤਿ	Sinmrith Saasathr Bahu Karam Kamaaeae Prabh Thumarae Dharas Bin Sukh Naahee ||1||	One may read the Simritees and the Shaastras, and perform all sorts of religious rituals; and yet, without the Blessed Vision of Your Darshan, God, there is no peace at all. ||1||	ਹੇ ਪਿਆਰੇ ਰਾਮ! ਅਨੇਕਾਂ ਲੋਕਾਂ ਨੇ ਸ਼ਾਸਤ੍ਰਾਂ ਸਿਮ੍ਰਿਤੀਆਂ ਦੇ ਲਿਖੇ ਅਨੁਸਾਰ (ਮਿਥੇ ਹੋਏ ਧਾਰਮਿਕ) ਕੰਮ ਕੀਤੇ, ਪਰ, ਹੇ ਪ੍ਰਭੂ! (ਇਹਨਾਂ ਕਰਮਾਂ ਨਾਲ ਤੇਰਾ ਦਰਸਨ ਨਸੀਬ ਨਾਹ ਹੋਇਆ, ਤੇ) ਤੇਰੇ ਦਰਸਨ ਤੋਂ ਬਿਨਾ ਆਤਮਕ ਆਨੰਦ ਨਹੀਂ ਮਿਲਦਾ ॥੧॥

18717	408	ਵਰਤ ਨੇਮ ਸੰਜਮ ਕਰਿ ਥਾਕੇ ਨਾਨਕ ਸਾਧ ਸਰਨਿ ਪ੍ਰਭ ਸੰਗਿ ਵਸੈ॥੨॥੨॥੧੫੧॥		Varath Naem Sanjam Kar Thhaakae Naanak Saadhh Saran Prabh Sang Vasai ||2||2||151||	People have grown weary of observing fasts, vows and rigorous self-discipline; Nanak abides with God, in the Sanctuary of the Saints. ||2||2||151||	ਹੇ ਪ੍ਰਭੂ! (ਸ਼ਾਸਤ੍ਰਾਂ ਦੇ ਕਹੇ ਅਨੁਸਾਰ) ਅਨੇਕਾਂ ਲੋਕ ਵਰਤ ਰੱਖਦੇ ਰਹੇ, ਕਈ ਨੇਮ ਨਿਬਾਹੁੰਦੇ ਰਹੇ, ਇੰਦ੍ਰਿਆਂ ਨੂੰ ਵੱਸ ਕਰਨ ਦੇ ਜਤਨ ਕਰਦੇ ਰਹੇ, ਪਰ ਇਹ ਸਭ ਕੁਝ ਕਰ ਕੇ ਥੱਕ ਗਏ (ਤੇਰਾ ਦਰਸਨ ਪ੍ਰਾਪਤ ਨਾਹ ਹੋਇਆ)। ਹੇ ਨਾਨਕ! ਗੁਰੂ ਦੀ ਸਰਨ ਪਿਆਂ (ਮਨੁੱਖ ਦਾ ਮਨ) ਪਰਮਾਤਮਾ (ਦੇ ਚਰਨਾਂ) ਵਿਚ ਲੀਨ ਹੋ ਜਾਂਦਾ ਹੈ (ਤੇ ਮਨ ਨੂੰ ਸ਼ਾਂਤੀ ਪ੍ਰਾਪਤ ਹੋ ਜਾਂਦੀ ਹੈ) ॥੨॥੨॥੧੫੧॥
18718	408	ਆਸਾ ਮਹਲਾ ੫ ਘਰੁ ੧੫ ਪੜਤਾਲ		Aasaa Mehalaa 5 Ghar 15 Parrathaala	Aasaa, Fifth Mehl, Fifteenth House, Partaal:	ਰਾਗ ਆਸਾ, ਘਰ ੧੫ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਪੜਤਾਲ'।
18719	408	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
18720	408	ਬਿਕਾਰ ਮਾਇਆ ਮਾਦਿ ਸੋਇਓ ਸੂਝ ਬੂਝ ਨ ਆਵੈ॥	(ਮਾਦਿ) ਨਸ਼ੇ ਚ	Bikaar Maaeiaa Maadh Soeiou Soojh Boojh N Aavai ||	He sleeps, intoxicated by corruption and Maya; he does not come to realize or understand.	ਵਿਕਾਰਾਂ ਵਿਚ ਮਾਇਆ ਦੇ ਨਸ਼ੇ ਵਿਚ ਮਨੁੱਖ ਸੁੱਤਾ ਰਹਿੰਦਾ ਹੈ, ਇਸ ਨੂੰ (ਸਹੀ ਜੀਵਨ-ਰਾਹ ਦੀ) ਅਕਲ ਨਹੀਂ ਆਉਂਦੀ।

18721	408	ਪਕਰਿ ਕੇਸ ਜਮਿ ਉਠਾਰਿਓ ਤਦ ਹੀ ਘਰਿ ਜਾਵੈ॥੧॥		Pakar Kaes Jam Outhaariou Thadh Hee Ghar Jaavai ||1||	Seizing him by the hair, the Messenger of Death pulls him up; then, he comes to his senses. ||1||	(ਜਦੋਂ ਅੰਤ ਵੇਲੇ) ਜਮ ਨੇ ਇਸ ਨੂੰ ਕੇਸਾਂ ਤੋਂ ਫੜ ਕੇ ਉਠਾਇਆ (ਜਦੋਂ ਮੌਤ ਸਿਰ ਤੇ ਆ ਪਹੁੰਚੀ) ਤਦੋਂ ਹੀ ਇਸ ਨੂੰ ਹੋਸ਼ ਆਉਂਦੀ ਹੈ (ਕਿ ਸਾਰੀ ਉਮਰ ਕੁਰਾਹੇ ਪਿਆ ਰਿਹਾ) ॥੧॥
18722	408	ਲੋਭ ਬਿਖਿਆ ਬਿਖੈ ਲਾਗੇ ਹਿਰਿ ਵਿਤ ਚਿਤ ਦੁਖਾਹੀ॥	(ਹਿਰਿ) ਚੁਰਾਉਂਦੇ ਹਨ। ਵਿਤ:ਪੋਲਾ ਬੋਲੋ। (ਵਿਤ)ਧਨ	Lobh Bikhiaa Bikhai Laagae Hir Vith Chith Dhukhaahee ||	Those who are attached to the poison of greed and sin grab at the wealth of others; they only bring pain on themselves.	ਮਾਇਆ ਦੇ ਲੋਭ ਅਤੇ ਵਿਸ਼ਿਆਂ ਵਿਚ ਲੱਗੇ ਹੋਏ (ਪਰਾਇਆ) ਧਨ ਚੁਰਾ ਕੇ (ਦੂਜਿਆਂ ਦੇ) ਦਿਲ ਦੁਖਾਂਦੇ ਹਨ,
18723	408	ਖਿਨ ਭੰਗੁਨਾ ਕੈ ਮਾਨਿ ਮਾਤੇ ਅਸੁਰ ਜਾਣਹਿ ਨਾਹੀ॥੧॥ਰਹਾਉ॥	(ਭੰਗੁਨਾ) ਨਾਸ ਹੋ ਜਾਣ ਵਾਲੇ। (ਮਾਤੇ)ਮਸਤ। (ਅ-ਸੁਰ) ਨਿਰਦਈ ਜੀਵ	Khin Bhangunaa Kai Maan Maathae Asur Jaanehi Naahee ||1|| Rehaao ||	They are intoxicated by their pride in those things which shall be destroyed in an instant; those demons do not understand. ||1||Pause||	ਪਲ ਵਿਚ ਸਾਥ ਛੱਡ ਜਾਣ ਵਾਲੀ ਮਾਇਆ ਦੇ ਮਾਣ ਵਿਚ ਮਸਤ ਨਿਰਦਈ ਮਨੁੱਖ ਸਮਝਦੇ ਨਹੀਂ (ਕਿ ਇਹ ਗ਼ਲਤ ਜੀਵਨ-ਰਾਹ ਹੈ) ॥੧॥ ਰਹਾਉ ॥
18724	408	ਬੇਦ ਸਾਸਤ੍ਰ ਜਨ ਪੁਕਾਰਹਿ ਸੁਨੈ ਨਾਹੀ ਡੋਰਾ॥	(ਡੋਰਾ) ਬੋਲ਼ਾ	Baedh Saasathr Jan Pukaarehi Sunai Naahee Ddoraa ||	The Vedas, the Shaastras and the holy men proclaim it, but the deaf do not hear it.	ਵੇਦ ਸ਼ਾਸਤ੍ਰ (ਆਦਿਕ ਧਰਮ-ਪੁਸਤਕ ਉਪਦੇਸ਼ ਕਰਦੇ ਹਨ) ਸੰਤ ਜਨ (ਭੀ) ਪੁਕਾਰ ਕੇ ਆਖਦੇ ਹਨ ਪਰ (ਮਾਇਆ ਦੇ ਨਸ਼ੇ ਦੇ ਕਾਰਨ) ਬੋਲਾ ਹੋ ਚੁਕਾ ਮਨੁੱਖ (ਉਹਨਾਂ ਦੇ ਉਪਦੇਸ਼ ਨੂੰ) ਸੁਣਦਾ ਨਹੀਂ।

18725	408	ਨਿਪਟਿ ਬਾਜੀ ਹਾਰਿ ਮੂਕਾ ਪਛੁਤਾਇਓ ਮਨਿ ਭੋਰਾ॥੨॥	(ਨਿਪਟਿ) ਬਿਲਕੁਲ, ਬੇਪੜਦ। (ਭੋਰਾ) ਮੂਰਖ। ਖੁੱਲਮ ਖੁੱਲੀ	Nipatt Baajee Haar Mookaa Pashhuthaaeiou Man Bhoraa ||2||	When the game of life is over, and he has lost, and he breathes his last, then the fool regrets and repents in his mind. ||2||	ਜਦੋਂ ਉੱਕਾ ਹੀ ਜੀਵਨ-ਬਾਜ਼ੀ ਹਾਰ ਕੇ ਅੰਤ ਸਮੇ ਤੇ ਆ ਪਹੁੰਚਦਾ ਹੈ ਤਦੋਂ ਇਹ ਮੂਰਖ ਆਪਣੇ ਮਨ ਵਿਚ ਪਛੁਤਾਂਦਾ ਹੈ ॥੨॥
18726	408	ਡਾਨੁ ਸਗਲ ਗੈਰ ਵਜਹਿ ਭਰਿਆ ਦੀਵਾਨ ਲੇਖੈ ਨ ਪਰਿਆ॥	(ਡਾਨੁ) ਡੰਨ। (ਗੈਰ) ਵੈਰੀ, ਔਗੁਣ। ਵਜਹਿ:ਪੋਲਾ ਬੋਲੋ। (ਵਜਹਿ)ਤਰ੍ਾਂ। (ਗੈਰ ਵਜਹਿ) ਬਿਨਾ ਕਾਰਨ। ਪ੍ਰਮੇਸ਼ਰ ਦੀ (ਦੀਵਾਨ) ਦਰਗਾਹ	Ddaan Sagal Gair Vajehi Bhariaa Dheevaan Laekhai N Pariaa ||	He paid the fine, but it is in vain - in the Court of the Lord, his account is not credited.	(ਮਾਇਆ ਦੇ ਨਸ਼ੇ ਵਿਚ ਮਸਤ ਮਨੁੱਖ ਵਿਕਾਰਾਂ ਵਿਚ ਲੱਗਾ ਹੋਇਆ) ਵਿਅਰਥ ਹੀ ਡੰਨ ਭਰਦਾ ਰਹਿੰਦਾ ਹੈ (ਆਤਮਕ ਸਜ਼ਾ ਭੁਗਤਦਾ ਰਹਿੰਦਾ ਹੈ, ਅਜੇਹੇ ਕੰਮ ਹੀ ਕਰਦਾ ਹੈ ਜਿਨ੍ਹਾਂ ਦੇ ਕਾਰਨ) ਪਰਮਾਤਮਾ ਦੀ ਹਜ਼ੂਰੀ ਵਿਚ ਪਰਵਾਨ ਨਹੀਂ ਹੁੰਦਾ।
18727	408	ਜੇਂਹ ਕਾਰਜਿ ਰਹੈ ਓਲ੍ਹਾ ਸੋਇ ਕਾਮੁ ਨ ਕਰਿਆ॥੩॥	(ਓਲ੍ਹਾ) ਪੜਦਾ, ਇੱਜ਼ਤ	Jaeneh Kaaraj Rehai Oulhaa Soe Kaam N Kariaa ||3||	Those deeds which would have covered him - those deeds, he has not done. ||3||	ਜਿਸ ਕੰਮ ਦੇ ਕਰਨ ਨਾਲ ਪਰਮਾਤਮਾ ਦੇ ਦਰ ਤੇ ਇੱਜ਼ਤ ਬਣੇ ਉਹ ਕੰਮ ਇਹ ਕਦੇ ਭੀ ਨਹੀਂ ਕਰਦਾ ॥੩॥
18728	408	ਐਸੋ ਜਗੁ ਮੋਹਿ ਗੁਰਿ ਦਿਖਾਇਓ ਤਉ ਏਕ ਕੀਰਤਿ ਗਾਇਆ॥		Aiso Jag Mohi Gur Dhikhaaeiou Tho Eaek Keerath Gaaeiaa ||	The Guru has shown me the world to be thus; I sing the Kirtan of the Praises of the One Lord.	ਜਦੋਂ ਗੁਰੂ ਨੇ ਮੈਨੂੰ ਇਹੋ ਜਿਹਾ (ਮਾਇਆ-ਗ੍ਰਸਿਆ) ਜਗਤ ਵਿਖਾ ਦਿੱਤਾ ਤਦੋਂ ਮੈਂ ਇਕ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਸ਼ੁਰੂ ਕਰ ਦਿੱਤੀ,

18729	408	ਮਾਨੁ ਤਾਨੁ ਤਜਿ ਸਿਆਨਪ ਸਰਣਿ ਨਾਨਕੁ ਆਇਆ॥੪॥੧॥੧੫੨॥		Maan Thaan Thaj Siaanap Saran Naanak Aaeiaa ||4||1||152||	Renouncing his pride in strength and cleverness, Nanak has come to the Lord's Sanctuary. ||4||1||152||	ਤਦੋਂ ਮਾਣ ਤਿਆਗ ਕੇ (ਹੋਰ) ਆਸਰਾ ਛੱਡ ਕੇ, ਚੁਤਰਾਈਆਂ ਤਜ ਕੇ (ਮੈਂ ਦਾਸ) ਨਾਨਕ ਪਰਮਾਤਮਾ ਦੀ ਸਰਨ ਆ ਪਿਆ ॥੪॥੧॥੧੫੨॥
18730	408	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18731	408	ਬਾਪਾਰਿ ਗੋਵਿੰਦ ਨਾਏ॥		Baapaar Govindh Naaeae ||	Dealing in the Name of the Lord of the Universe,	ਜੇਹੜਾ ਮਨੁੱਖ ਪਰਮਾਤਮਾ ਦੇ ਨਾਮ ਦੇ ਵਪਾਰ ਵਿਚ ਲੱਗ ਪੈਂਦਾ ਹੈ,
18732	408	ਸਾਧ ਸੰਤ ਮਨਾਏ ਪ੍ਰਿਅ ਪਾਏ ਗੁਨ ਗਾਏ ਪੰਚ ਨਾਦ ਤੂਰ ਬਜਾਏ॥੧॥ਰਹਾਉ॥	(ਤੂਰ) ਵਾਜੇ	Saadhh Santh Manaaeae Pria Paaeae Gun Gaaeae Panch Naadh Thoor Bajaaeae ||1|| Rehaao ||	And pleasing the Saints and holy men, obtain the Beloved Lord and sing His Glorious Praises; play the sound current of the Naad with the five instruments. ||1||Pause||	ਪਰਮਾਤਮਾ ਦੇ ਗੁਣ ਗਾਂਦਾ ਹੈ ਸੰਤ ਜਨਾਂ ਦੀ ਪ੍ਰਸੰਨਤਾ ਹਾਸਲ ਕਰ ਲੈਂਦਾ ਹੈ, ਉਸ ਨੂੰ ਪਿਆਰੇ ਪ੍ਰਭੂ ਦਾ ਮਿਲਾਪ ਪ੍ਰਾਪਤ ਹੋ ਜਾਂਦਾ ਹੈ ਉਸ ਦੇ ਅੰਦਰ, ਮਾਨੋ, ਪੰਜ ਕਿਸਮਾਂ ਦੇ ਸਾਜ ਵੱਜਣ ਲੱਗ ਪੈਂਦੇ ਹਨ ॥੧॥ ਰਹਾਉ ॥
18733	408	ਕਿਰਪਾ ਪਾਏ ਸਹਜਾਏ ਦਰਸਾਏ ਅਬ ਰਾਤਿਆ ਗੋਵਿੰਦ ਸਿਉ॥		Kirapaa Paaeae Sehajaaeae Dharasaaeae Ab Raathiaa Govindh Sio ||	Obtaining His Mercy, I easily gained the Blessed Vision of His Darshan; now, I am imbued with the Love of the Lord of the Universe.	ਪਰਮਾਤਮਾ ਦੀ ਕਿਰਪਾ ਨਾਲ ਜਿਸ ਮਨੁੱਖ ਨੂੰ ਆਤਮਕ ਅਡੋਲਤਾ ਪ੍ਰਾਪਤ ਹੋ ਜਾਂਦੀ ਹੈ, ਪਰਮਾਤਮਾ ਦਾ ਦਰਸਨ ਹੋ ਜਾਂਦਾ ਹੈ ਉਹ ਸਦਾ ਲਈ ਪਰਮਾਤਮਾ ਦੇ ਪਿਆਰ-ਰੰਗ ਵਿਚ ਰੰਗਿਆ ਜਾਂਦਾ ਹੈ।

18734	408	ਸੰਤ ਸੇਵਿ ਪ੍ਰੀਤਿ ਨਾਥ ਰੰਗੁ ਲਾਲਨ ਲਾਏ॥੧॥		Santh Saev Preeth Naathh Rang Laalan Laaeae ||1||	Serving the Saints, I feel love and affection for my Beloved Lord Master. ||1||	ਗੁਰੂ ਦੀ ਦੱਸੀ ਸੇਵਾ ਦੀ ਬਰਕਤਿ ਨਾਲ ਉਸ ਨੂੰ ਖਸਮ-ਪ੍ਰਭੂ ਦੀ ਪ੍ਰੀਤ ਪ੍ਰਾਪਤ ਹੋ ਜਾਂਦੀ ਹੈ; ਲਾਲ ਪਿਆਰੇ ਦਾ ਪਿਆਰ-ਰੰਗ ਚੜ੍ਹ ਜਾਂਦਾ ਹੈ ॥੧॥
18735	408	ਗੁਰ ਗਿਆਨੁ ਮਨਿ ਦ੍ਰਿੜਾਏ ਰਹਸਾਏ ਨਹੀ ਆਏ ਸਹਜਾਏ ਮਨਿ ਨਿਧਾਨੁ ਪਾਏ॥	(ਰਹਸਾਏ) ਖਿੜੇ	Gur Giaan Man Dhrirraaeae Rehasaaeae Nehee Aaeae Sehajaaeae Man Nidhhaan Paaeae ||	The Guru has implanted spiritual wisdom within my mind, and I rejoice that I shall not have to come back again. I have obtained celestial poise, and the treasure within my mind.	ਜੇਹੜਾ ਮਨੁੱਖ ਆਪਣੇ ਮਨ ਵਿਚ ਗੁਰੂ ਦੇ ਦਿੱਤੇ ਗਿਆਨ ਨੂੰ ਪੱਕਾ ਕਰ ਲੈਂਦਾ ਹੈ, ਉਸ ਦੇ ਅੰਦਰ ਖਿੜਾਉ ਪੈਦਾ ਹੋ ਜਾਂਦਾ ਹੈ ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ, ਉਸ ਦੇ ਅੰਦਰ ਆਤਮਕ ਅਡੋਲਤਾ ਪੈਦਾ ਹੋ ਜਾਂਦੀ ਹੈ, ਉਹ ਆਪਣੇ ਮਨ ਵਿਚ ਨਾਮ-ਖ਼ਜ਼ਾਨਾ ਲੱਭ ਲੈਂਦਾ ਹੈ।
18736	408	ਸਭ ਤਜੀ ਮਨੈ ਕੀ ਕਾਮ ਕਰਾ॥	ਕਾਮ ਦੀ(ਕਰਾ) ਕਲਾ, ਖੇਡ	Sabh Thajee Manai Kee Kaam Karaa ||	I have renounced all of the affairs of my mind's desires.	ਉਹ ਆਪਣੇ ਮਨ ਦੀਆਂ ਸਾਰੀਆਂ ਵਾਸ਼ਨਾਂ ਤਿਆਗ ਦੇਂਦਾ ਹੈ।
18737	408	ਚਿਰੁ ਚਿਰੁ ਚਿਰੁ ਚਿਰੁ ਭਇਆ ਮਨਿ ਬਹੁਤੁ ਪਿਆਸ ਲਾਗੀ॥		Chir Chir Chir Chir Bhaeiaa Man Bahuth Piaas Laagee ||	It has been so long, so long, so very long, since my mind has felt such a great thirst.	(ਤੇਰਾ ਦਰਸਨ ਕੀਤਿਆਂ ਮੈਨੂੰ) ਬਹੁਤ ਚਿਰ ਹੋ ਚੁਕਾ ਹੈ, ਮੇਰੇ ਮਨ ਵਿਚ ਤੇਰੇ ਦਰਸਨ ਦੀ ਤਾਂਘ ਪੈਦਾ ਹੋ ਰਹੀ ਹੈ,
18738	408	ਹਰਿ ਦਰਸਨੋ ਦਿਖਾਵਹੁ ਮੋਹਿ ਤੁਮ ਬਤਾਵਹੁ॥		Har Dharasano Dhikhaavahu Mohi Thum Bathaavahu ||	Please, reveal to me the Blessed Vision of Your Darshan, and show Yourself to me.	ਹੇ ਹਰੀ! ਮੈਨੂੰ ਆਪਣਾ ਦਰਸਨ ਦੇਹ, ਤੂੰ ਆਪ ਹੀ ਮੈਨੂੰ ਦੱਸ (ਕਿ ਮੈਂ ਕਿਵੇਂ ਤੇਰਾ ਦਰਸਨ ਕਰਾਂ)।

18739	408	ਨਾਨਕ ਦੀਨ ਸਰਣਿ ਆਏ ਗਲਿ ਲਾਏ॥੨॥੨॥੧੫੩॥	ਗਲ਼ਿ: ਪੋਲਾ ਬੋਲੋ	Naanak Dheen Saran Aaeae Gal Laaeae ||2||2||153||	Nanak the meek has entered Your Sanctuary; please, take me in Your embrace. ||2||2||153||	ਹੇ ਨਾਨਕ! (ਤੂੰ ਭੀ ਅਰਜ਼ੋਈ ਕਰ, ਤੇ ਆਖ-ਹੇ ਪ੍ਰਭੂ!) ਮੈਂ ਦੀਨ ਤੇਰੀ ਸਰਨ ਆਇਆ ਹਾਂ, ਮੈਨੂੰ ਆਪਣੇ ਗਲ ਨਾਲ ਲਾ ॥੨॥੨॥੧੫੩॥
18740	408	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18741	408	ਕੋਊ ਬਿਖਮ ਗਾਰ ਤੋਰੈ॥	(ਗ੍ਰਾਰ)ਗੜ੍ਹੀ	Kooo Bikham Gaar Thorai ||	Who can destroy the fortress of sin,	(ਜਗਤ ਵਿਚ) ਕੋਈ ਵਿਰਲਾ ਮਨੁੱਖ ਹੈ, ਜੇਹੜਾ ਸਖ਼ਤ ਕਿਲ੍ਹੇ ਨੂੰ ਤੋੜਦਾ ਹੈ (ਜਿਸ ਵਿਚ ਜਿੰਦ ਕੈਦ ਕੀਤੀ ਪਈ ਹੈ, ਕੋਈ ਵਿਰਲਾ ਹੈ, ਜੇਹੜਾ ਆਪਣੇ ਮਨ ਨੂੰ),
18742	408	ਆਸ ਪਿਆਸ ਧੋਹ ਮੋਹ ਭਰਮ ਹੀ ਤੇ ਹੋਰੈ॥੧॥ਰਹਾਉ॥	ਦੁਨਿਆਵੀ ਆਸ, (ਪਿਆਸ) ਤ੍ਰਿਸ਼ਨਾ, (ਧੋਹ) ਠੱਗੀ। (ਹੋਰੈ) ਹਟਾਵੇ	Aas Piaas Dhhoh Moh Bharam Hee Thae Horai ||1|| Rehaao ||	And release me from hope, thirst, deception, attachment and doubt? ||1||Pause||	ਦੁਨੀਆ ਦੀਆਂ ਆਸਾਂ, ਮਾਇਆ ਦੀ ਤ੍ਰਿਸ਼ਨਾ, ਠੱਗੀ-ਫ਼ਰੇਬ, ਮੋਹ ਅਤੇ ਭਟਕਣਾ ਤੋਂ ਰੋਕਦਾ ਹੈ ॥੧॥ ਰਹਾਉ ॥
18743	408	ਕਾਮ ਕ੍ਰੋਧ ਲੋਭ ਮਾਨ ਇਹ ਬਿਆਧਿ ਛੋਰੈ॥੧॥	(ਬਿਆਧ) ਰੋਗ	Kaam Krodhh Lobh Maan Eih Biaadhh Shhorai ||1||	How can I escape the afflictions of sexual desire, anger, greed and pride? ||1||	(ਜਗਤ ਵਿਚ ਕੋਈ ਵਿਰਲਾ ਮਨੁੱਖ ਹੈ ਜੇਹੜਾ) ਕਾਮ ਕ੍ਰੋਧ ਲੋਭ ਅਹੰਕਾਰ ਆਦਿਕ ਬੀਮਾਰੀਆਂ (ਆਪਣੇ ਅੰਦਰੋਂ) ਦੂਰ ਕਰਦਾ ਹੈ ॥੧॥

18744	408	ਸੰਤਸੰਗਿ ਨਾਮ ਰੰਗਿ ਗੁਨ ਗੋਵਿੰਦ ਗਾਵਉ॥		Santhasang Naam Rang Gun Govindh Gaavo ||	In the Society of the Saints, love the Naam, and sing the Glorious Praises of the Lord of the Universe.	ਮੈਂ ਤਾਂ ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ ਪਰਮਾਤਮਾ ਦੇ ਨਾਮ-ਰੰਗ ਵਿਚ ਲੀਨ ਹੋ ਕੇ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹਾਂ,
18745	408	ਅਨ ਦਿਨੋ ਪ੍ਰਭ ਧਿਆਵਉ॥		Anadhino Prabh Dhhiaavo ||	Night and day, meditate on God.	ਮੈਂ ਤਾਂ ਹਰ ਵੇਲੇ ਪਰਮਾਤਮਾ ਦਾ ਧਿਆਨ ਧਰਦਾ ਹਾਂ,
18746	408	ਭ੍ਰਮ ਭੀਤਿ ਜੀਤਿ ਮਿਟਾਵਉ॥	(ਭੀਤਿ) ਕੰਧ	Bhram Bheeth Jeeth Mittaavo ||	I have captured and demolished the walls of doubt.	ਤੇ ਇਸ ਤਰ੍ਹਾਂ ਭਟਕਣਾ ਦੀ ਕੰਧ ਨੂੰ ਜਿੱਤ ਕੇ (ਪਰਮਾਤਮਾ ਨਾਲੋਂ ਬਣੀ ਵਿੱਥ) ਮਿਟਾਂਦਾ ਹਾਂ।
18747	408	ਨਿਧਿ ਨਾਮੁ ਨਾਨਕ ਮੋਰੈ॥੨॥੩॥੧੫੪॥		Nidhh Naam Naanak Morai ||2||3||154||	O Nanak, the Naam is my only treasure. ||2||3||154||	ਹੇ ਨਾਨਕ! ਇਹਨਾਂ ਰੋਗਾਂ ਤੋਂ ਬਚਣ ਵਾਸਤੇ, ਮੇਰੇ ਪਾਸ ਪਰਮਾਤਮਾ ਦਾ ਨਾਮ-ਖ਼ਜ਼ਾਨਾ ਹੀ ਹੈ (ਜੋ ਮੈਨੂੰ ਵਿਕਾਰਾਂ ਤੋਂ ਬਚਾਈ ਰੱਖਦਾ ਹੈ) ॥੨॥੩॥੧੫੪॥
18748	408	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18749	408	ਕਾਮੁ ਕ੍ਰੋਧੁ ਲੋਭੁ ਤਿਆਗੁ॥		Kaam Krodhh Lobh Thiaag ||	Renounce sexual desire, anger and greed;	ਕਾਮ ਕ੍ਰੋਧ ਅਤੇ ਲੋਭ ਦੂਰ ਕਰ ਲੈ।
18750	408	ਮਨਿ ਸਿਮਰਿ ਗੋਬਿੰਦ ਨਾਮ॥		Man Simar Gobindh Naam ||	Remember the Name of the Lord of the Universe in your mind.	(ਆਪਣੇ) ਮਨ ਵਿਚ ਪਰਮਾਤਮਾ ਦਾ ਨਾਮ ਸਿਮਰਦਾ ਰਹੁ,

18751	408	ਹਰਿ ਭਜਨ ਸਫਲ ਕਾਮ॥੧॥ਰਹਾਉ॥		Har Bhajan Safal Kaam ||1|| Rehaao ||	Meditation on the Lord is the only fruitful action. ||1||Pause||	ਪਰਮਾਤਮਾ ਦੇ ਸਿਮਰਨ ਨਾਲ ਸਾਰੇ ਕੰਮ ਸਫਲ ਹੋ ਜਾਂਦੇ ਹਨ ॥੧॥ ਰਹਾਉ ॥
18752	409	ਤਜਿ ਮਾਨ ਮੋਹ ਵਿਕਾਰ ਮਿਥਿਆ ਜਪਿ ਰਾਮ ਰਾਮ ਰਾਮ॥		Thaj Maan Moh Vikaar Mithhiaa Jap Raam Raam Raam ||	Renounce pride, attachment, corruption and falsehood, and chant the Name of the Lord, Raam, Raam, Raam.	ਅਹੰਕਾਰ ਮੋਹ ਵਿਕਾਰ ਝੂਠ ਤਿਆਗ ਦੇਹ, ਸਦਾ ਪਰਮਾਤਮਾ ਦਾ ਸਿਮਰਨ ਕਰਿਆ ਕਰ,
18753	409	ਮਨ ਸੰਤਨਾ ਕੈ ਚਰਨਿ ਲਾਗੁ॥੧॥		Man Santhanaa Kai Charan Laag ||1||	O mortal, attach yourself to the Feet of the Saints. ||1||	ਹੇ ਮਨ! ਤੇ ਸੰਤ ਜਨਾਂ ਦੀ ਸਰਨ ਪਿਆ ਰਹੁ ॥੧॥
18754	409	ਪ੍ਰਭ ਗੋਪਾਲ ਦੀਨ ਦਇਆਲ ਪਤਿਤ ਪਾਵਨ ਪਾਰਬ੍ਰਹਮ ਹਰਿ ਚਰਣ ਸਿਮਰਿ ਜਾਗੁ॥		Prabh Gopaal Dheen Dhaeiaal Pathith Paavan Paarabreham Har Charan Simar Jaag ||	God is the Sustainer of the world, Merciful to the meek, the Purifier of sinners, the Transcendent Lord God. Awaken, and meditate on His Feet.	ਉਸ ਹਰੀ-ਪ੍ਰਭੂ ਦੇ ਚਰਨਾਂ ਦਾ ਧਿਆਨ ਧਰ ਕੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹੁ ਜੋ ਧਰਤੀ ਦਾ ਰਾਖਾ ਹੈ ਜੋ ਦੀਨਾਂ ਉਤੇ ਦਇਆ ਕਰਨ ਵਾਲਾ ਹੈ ਅਤੇ ਜੋ ਵਿਕਾਰਾਂ ਵਿਚ ਡਿੱਗੇ ਹੋਏ ਬੰਦਿਆਂ ਨੂੰ ਪਵਿਤ੍ਰ ਕਰਨ ਵਾਲਾ ਹੈ।
18755	409	ਕਰਿ ਭਗਤਿ ਨਾਨਕ ਪੂਰਨ ਭਾਗੁ॥੨॥੪॥੧੫੫॥		Kar Bhagath Naanak Pooran Bhaag ||2||4||155||	Perform His devotional worship, O Nanak, and your destiny shall be fulfilled. ||2||4||155||	ਹੇ ਨਾਨਕ! (ਆਖ-ਹੇ ਭਾਈ!) ਪਰਮਾਤਮਾ ਦੀ ਭਗਤੀ ਕਰ, ਤੇਰੀ ਕਿਸਮਤ ਜਾਗ ਪਏਗੀ ॥੨॥੪॥੧੫੫॥

18756	409	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	ਰਾਗ ਆਸਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18757	409	ਹਰਖ ਸੋਗ ਬੈਰਾਗ ਅਨੰਦੀ ਖੇਲੁ ਰੀ ਦਿਖਾਇਓ॥੧॥ਰਹਾਉ॥	ਖ੍ਯੇਲੁ	Harakh Sog Bairaag Anandhee Khael Ree Dhikhaaeiou ||1|| Rehaao ||	Pleasure and pain, detachment and ecstasy - the Lord has revealed His Play. ||1||Pause||	ਹੇ ਸਹੇਲੀ! (ਹੇ ਸਤਸੰਗੀ!) ਆਨੰਦ-ਰੂਪ ਪਰਮਾਤਮਾ ਨੇ ਮੈਨੂੰ ਇਹ ਜਗਤ-ਤਮਾਸ਼ਾ ਵਿਖਾ ਦਿੱਤਾ ਹੈ (ਇਸ ਜਗਤ-ਤਮਾਸ਼ੇ ਦੀ ਅਸਲੀਅਤ ਵਿਖਾ ਦਿਤੀ ਹੈ)। (ਇਸ ਵਿਚ ਕਿਤੇ) ਖ਼ੁਸ਼ੀ ਹੈ (ਕਿਤੇ) ਗ਼ਮੀ ਹੈ (ਕਿਤੇ) ਵੈਰਾਗ ਹੈ ॥੧॥ ਰਹਾਉ ॥
18758	409	ਖਿਨਹੂੰ ਭੈ ਨਿਰਭੈ ਖਿਨਹੂੰ ਖਿਨਹੂੰ ਉਠਿ ਧਾਇਓ॥		Khinehoon Bhai Nirabhai Khinehoon Khinehoon Outh Dhhaaeiou ||	One moment, the mortal is in fear, and the next moment he is fearless; in a moment, he gets up and departs.	(ਹੇ ਸਤਸੰਗੀ! ਇਸ ਜਗਤ-ਤਮਾਸ਼ੇ ਵਿਚ ਕਿਤੇ) ਇਕ ਪਲ ਵਿਚ ਅਨੇਕਾਂ ਡਰ (ਆ ਘੇਰਦੇ ਹਨ, ਕਿਤੇ) ਨਿਡਰਤਾ ਹੈ (ਕਿਤੇ ਕੋਈ ਦੁਨੀਆ ਦੇ ਪਦਾਰਥਾਂ ਵਲ) ਉਠ ਭੱਜਦਾ ਹੈ,
18759	409	ਖਿਨਹੂੰ ਰਸ ਭੋਗਨ ਖਿਨਹੂੰ ਖਿਨਹੂ ਤਜਿ ਜਾਇਓ॥੧॥		Khinehoon Ras Bhogan Khinehoon Khinehoo Thaj Jaaeiou ||1||	One moment, he enjoys pleasures, and the next moment, he leaves and goes away. ||1||	ਕਿਤੇ ਇਕ ਪਲ ਵਿਚ ਸੁਆਦਲੇ ਪਦਾਰਥ ਭੋਗੇ ਜਾ ਰਹੇ ਹਨ ਕਿਤੇ ਕੋਈ ਇਕ ਪਲ ਵਿਚ ਇਹਨਾਂ ਭੋਗਾਂ ਨੂੰ ਤਿਆਗ ਜਾਂਦਾ ਹੈ ॥੧॥

18760	409	ਖਿਨਹੂੰ ਜੋਗ ਤਾਪ ਬਹੁ ਪੂਜਾ ਖਿਨਹੂੰ ਭਰਮਾਇਓ॥		Khinehoon Jog Thaap Bahu Poojaa Khinehoon Bharamaaeiou ||	One moment, he practices Yoga and intense meditation, and all sorts of worship; the next moment, he wanders in doubt.	(ਹੇ ਸਖੀ! ਇਸ ਜਗਤ-ਤਮਾਸ਼ੇ ਵਿਚ ਕਿਤੇ) ਜੋਗ-ਸਾਧਨ ਕੀਤੇ ਜਾ ਰਹੇ ਹਨ ਕਿਤੇ ਧੂਣੀਆਂ ਤਪਾਈਆਂ ਜਾ ਰਹੀਆਂ ਹਨ ਕਿਤੇ ਅਨੇਕਾਂ ਦੇਵ-ਪੂਜਾ ਹੋ ਰਹੀਆਂ ਹਨ, ਕਿਤੇ ਹੋਰ ਹੋਰ ਭਟਕਣਾ ਭਟਕੀਆਂ ਜਾ ਰਹੀਆਂ ਹਨ।
18761	409	ਖਿਨਹੂੰ ਕਿਰਪਾ ਸਾਧੂਸੰਗ ਨਾਨਕ ਹਰਿ ਰੰਗੁ ਲਾਇਓ॥੨॥੫॥੧੫੬॥		Khinehoon Kirapaa Saadhhoo Sang Naanak Har Rang Laaeiou ||2||5||156||	One moment, O Nanak, the Lord bestows His Mercy and blesses him with His Love, in the Saadh Sangat, the Company of the Holy. ||2||5||156||	ਹੇ ਨਾਨਕ! (ਆਖ-ਹੇ ਸਖੀ!) ਕਿਤੇ ਸਾਧ ਸੰਗਤਿ ਵਿਚ ਰੱਖ ਕੇ ਇਕ ਪਲ ਵਿਚ ਪਰਮਾਤਮਾ ਦੀ ਮੇਹਰ ਹੋ ਰਹੀ ਹੈ, ਤੇ ਪਰਮਾਤਮਾ ਦਾ ਪ੍ਰੇਮ-ਰੰਗ ਬਖ਼ਸ਼ਿਆ ਜਾ ਰਿਹਾ ਹੈ ॥੨॥੫॥੧੫੬॥
18762	409	ਰਾਗੁ ਆਸਾ ਮਹਲਾ ੫ ਘਰੁ ੧੭ ਆਸਾਵਰੀ	ਆ-ਸਾ-ਵਰੀ	Raag Aasaa Mehalaa 5 Ghar 17 Aasaavaree	Raag Aasaa, Fifth Mehl, Seventeenth House, Aasaavaree:	ਰਾਗ ਆਸਾਵਰੀ, ਘਰ ੧੭ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
18763	409	ੴ ਸਤਿਗੁਰ ਪ੍ਰਸਾਦਿ॥	ਘਰੁ ਸਤਾਰਵਾਂ	Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
18764	409	ਗੋਬਿੰਦ ਗੋਬਿੰਦ ਕਰਿ ਹਾਂ॥		Gobindh Gobindh Kar Haan ||	Meditate on the Lord, the Lord of the Universe.	(ਹੇ ਸਖੀ!) ਸਦਾ ਪਰਮਾਤਮਾ ਦਾ ਸਿਮਰਨ ਕਰਦੀ ਰਹੁ, (ਇਸ ਤਰ੍ਹਾਂ ਆਪਣੇ)।

18765	409	ਹਰਿ ਹਰਿ ਮਨਿ ਪਿਆਰਿ ਹਾਂ॥		Har Har Man Piaar Haan ||	Cherish the Beloved Lord, Har, Har, in your mind.	ਮਨ ਵਿਚ ਪਰਮਾਤਮਾ ਨਾਲ ਪਿਆਰ ਬਣਾ।
18766	409	ਗੁਰਿ ਕਹਿਆ ਸੁ ਚਿਤਿ ਧਰਿ ਹਾਂ॥		Gur Kehiaa S Chith Dhhar Haan ||	The Guru says to install it in your consciousness.	ਜੋ ਕੁਝ ਗੁਰੂ ਨੇ ਦੱਸਿਆ ਉਹ ਆਪਣੇ ਚਿੱਤ ਵਿਚ ਵਸਾ।
18767	409	ਅਨ ਸਿਉ ਤੋਰਿ ਫੇਰਿ ਹਾਂ॥		An Sio Thor Faer Haan ||	Turn away from others, and turn to Him.	ਪਰਮਾਤਮਾ ਤੋਂ ਬਿਨਾ ਹੋਰ ਨਾਲ ਬਣਾਈ ਹੋਈ ਪ੍ਰੀਤ ਤੋੜ ਦੇ, ਹੋਰ ਵਲੋਂ ਆਪਣੇ ਮਨ ਨੂੰ ਪਰਤਾ ਲੈ।
18768	409	ਐਸੇ ਲਾਲਨੁ ਪਾਇਓ ਰੀ ਸਖੀ॥੧॥ਰਹਾਉ॥	(ਲਾਲਨੁ) ਪਿਆਰੇ ਵਾਹਿਗੁਰੂ ਜੀ	Aisae Laalan Paaeiou Ree Sakhee ||1|| Rehaao ||	Thus you shall obtain your Beloved, O my companion. ||1||Pause||	ਹੇ ਸਹੇਲੀ! (ਜਿਸ ਨੇ ਭੀ) ਪਰਮਾਤਮਾ ਨੂੰ (ਲੱਭਾ ਹੈ) ਇਸ ਤਰੀਕੇ ਨਾਲ ਹੀ ਲੱਭਾ ਹੈ ॥੧॥ ਰਹਾਉ ॥
18769	409	ਪੰਕਜ ਮੋਹ ਸਰਿ ਹਾਂ॥	(ਪੰਕਜ) ਚਿੱਕੜ। (ਸਰਿ) ਸੰਸਾਰ ਸਮੁੰਦਰ	Pankaj Moh Sar Haan ||	In the pool of the world is the mud of attachment.	ਹੇ ਸਹੇਲੀ! ਸੰਸਾਰ-ਸਮੁੰਦਰ ਵਿਚ ਮੋਹ ਦਾ ਚਿੱਕੜ ਹੈ (ਇਸ ਵਿਚ ਫਸਿਆ ਹੋਇਆ),
18770	409	ਪਗੁ ਨਹੀ ਚਲੈ ਹਰਿ ਹਾਂ॥	ਪਗੁ:ਪੋਲਾ ਬੋਲੋ। (ਪਗੁ) ਪੈਰ	Pag Nehee Chalai Har Haan ||	Stuck in it, his feet cannot walk towards the Lord.	ਪੈਰ ਪਰਮਾਤਮਾ ਵਾਲੇ ਪਾਸੇ ਨਹੀਂ ਤੁਰ ਸਕਦਾ।
18771	409	ਗਹਡਿਓ ਮੂੜ ਨਰਿ ਹਾਂ॥	(ਗਹ-ਡਿਓ)ਫਸਿਆ। (ਮੂੜ੍) ਮੂਰਖ	Gehaddiou Moorr Nar Haan ||	The fool is stuck;	ਮੂਰਖ ਮਨੁੱਖ ਨੇ (ਆਪਣਾ ਪੈਰ ਮੋਹ ਦੇ ਚਿੱਕੜ ਵਿਚ) ਫਸਾਇਆ ਹੋਇਆ ਹੈ,
18772	409	ਅਨਿ ਨ ਉਪਾਵ ਕਰਿ ਹਾਂ॥	(ਅਨਿ) ਹੋਰਉਪਾਵ ਨਹੀਂ ਕਰਦਾ। (ਦੂਜਾ ਪਾਠ: ਅਨਿਨ)	Anin Oupaav Kar Haan ||	He cannot do anything else.	ਤੇ ਹੋਰ ਹੋਰ ਸਾਧਨ ਕਰ ਰਿਹਾ ਹੈ।

18773	409	ਤਉ ਨਿਕਸੈ ਸਰਨਿ ਪੈ ਰੀ ਸਖੀ॥੧॥	(ਨਿਕਸੈ) ਨਿੱਕਲੇ	Tho Nikasai Saran Pai Ree Sakhee ||1||	Only by entering the Lord's Sanctuary, O my companion, will you be released. ||1||	ਹੇ ਸਖੀ! ਜਦੋਂ ਪਰਮਾਤਮਾ ਦੀ ਸਰਨ ਪਿਆ ਜਾਂਦਾ, ਤਦੋਂ ਹੀ (ਮੋਹ-ਚਿੱਕੜ ਵਿਚ ਫਸਿਆ ਪੈਰ) ਨਿਕਲ ਸਕਦਾ ਹੈ ॥੧॥
18774	409	ਥਿਰ ਥਿਰ ਚਿਤ ਥਿਰ ਹਾਂ॥		Thhir Thhir Chith Thhir Haan ||	Thus your consciousness shall be stable and steady and firm.	ਆਪਣੇ ਚਿੱਤ ਨੂੰ (ਮਾਇਆ ਦੇ ਮੋਹ ਵਲੋਂ) ਅਡੋਲ ਬਣਾ ਲੈ,
18775	409	ਬਨੁ ਗ੍ਰਿਹੁ ਸਮਸਰਿ ਹਾਂ॥	(ਸਮਸਰਿ) ਬਰਾਬਰ	Ban Grihu Samasar Haan ||	Wilderness and household are the same.	(ਇਤਨਾ ਅਡੋਲ ਕਿ) ਜੰਗਲ ਅਤੇ ਘਰ ਇਕ-ਸਮਾਨ ਪ੍ਰਤੀਤ ਹੋਣ।
18776	409	ਅੰਤਰਿ ਏਕ ਪਿਰ ਹਾਂ॥		Anthar Eaek Pir Haan ||	Deep within dwells the One Husband Lord;	ਆਪਣੇ ਹਿਰਦੇ ਵਿਚ ਇਕ ਪਰਮਾਤਮਾ ਦੀ ਯਾਦ ਟਿਕਾਈ ਰੱਖ,
18777	409	ਬਾਹਰਿ ਅਨੇਕ ਧਰਿ ਹਾਂ॥	ਅਨੇਕ (ਧਰਿ) ਤਰਫ਼ ਕਿਰਤ ਚ	Baahar Anaek Dhhar Haan ||	Outwardly, there are many distractions.	ਤੇ, ਜਗਤ ਵਿੱਚ ਬੇ-ਸ਼ੱਕ ਕਈ ਤਰ੍ਹਾਂ ਦੀ ਕਿਰਤ-ਕਾਰ ਕਰ,
18778	409	ਰਾਜਨ ਜੋਗੁ ਕਰਿ ਹਾਂ॥	(ਜੋਗੁ) ਜੁੜਨਾ	Raajan Jog Kar Haan ||	Practice Raja Yoga, the Yoga of meditation and success.	(ਇਸ ਤਰ੍ਹਾਂ) ਰਾਜ ਭੀ ਕਰ ਤੇ ਜੋਗ ਭੀ ਕਮਾ।
18779	409	ਕਹੁ ਨਾਨਕ ਲੋਗ ਅਲੋਗੀ ਰੀ ਸਖੀ॥੨॥੧॥੧੫੭॥	(ਅਲੋਗੀ) ਨਿਰਲੇਪ	Kahu Naanak Log Alogee Ree Sakhee ||2||1||157||	Says Nanak, this is the way to dwell with the people, and yet remain apart from them. ||2||1||157||	(ਪਰ,) ਨਾਨਕ ਆਖਦਾ ਹੈ- ਹੇ ਸਖੀ! (ਕਿਰਤ-ਕਾਰ ਕਰਦਿਆਂ ਹੀ ਨਿਰਲੇਪ ਰਹਿਣਾ-ਇਹ) ਸੰਸਾਰ ਤੋਂ ਨਿਰਾਲਾ ਰਸਤਾ ਹੈ ॥੨॥੧॥੧੫੭॥

18780	409	ਆਸਾਵਰੀ ਮਹਲਾ ੫॥		Aasaavaree Mehalaa 5 ||	Aasaavaree, Fifth Mehl:	
18781	409	ਮਨਸਾ ਏਕ ਮਾਨਿ ਹਾਂ॥	(ਮਨਸਾ) ਬੁੱਧੀ ਚ	Manasaa Eaek Maan Haan ||	Cherish one desire only:	(ਹੇ ਮੇਰੇ ਮਨ!) ਇਕ (ਪਰਮਾਤਮਾ ਦੇ ਮਿਲਾਪ) ਦੀ ਤਾਂਘ (ਆਪਣੇ ਅੰਦਰ) ਕਾਇਮ ਕਰ।
18782	409	ਗੁਰ ਸਿਉ ਨੇਤ ਧਿਆਨਿ ਹਾਂ॥	(ਨੇਤ) ਨਿੱਤ	Gur Sio Naeth Dhhiaan Haan ||	Meditate continually on the Guru.	ਗੁਰੂ-ਚਰਨਾਂ ਵਿਚ ਜੁੜ ਕੇ ਸਦਾ (ਪਰਮਾਤਮਾ ਦੇ) ਧਿਆਨ ਵਿਚ ਟਿਕਿਆ ਰਹੁ।
18783	409	ਦ੍ਰਿੜੁ ਸੰਤ ਮੰਤ ਗਿਆਨਿ ਹਾਂ॥		Dhrirr Santh Manth Giaan Haan ||	Install the wisdom of the Saints' Mantra.	ਗੁਰੂ ਦੇ ਉਪਦੇਸ਼ ਦੀ ਜਾਣ-ਪਛਾਣ ਵਿਚ ਮਜ਼ਬੂਤ-ਚਿੱਤ ਹੋ।
18784	409	ਸੇਵਾ ਗੁਰ ਚਰਾਨਿ ਹਾਂ॥		Saevaa Gur Charaan Haan ||	Serve the Feet of the Guru,	ਗੁਰੂ-ਚਰਨਾਂ ਵਿਚ (ਰਹਿ ਕੇ) ਸੇਵਾ-ਭਗਤੀ ਕਰ।
18785	409	ਤਉ ਮਿਲੀਐ ਗੁਰ ਕਿਰਪਾਨਿ ਮੇਰੇ ਮਨਾ॥੧॥ਰਹਾਉ॥		Tho Mileeai Gur Kirapaan Maerae Manaa ||1|| Rehaao ||	And you shall meet Him, by Guru's Grace, O my mind. ||1||Pause||	ਹੇ ਮੇਰੇ ਮਨ! ਤਦੋਂ ਹੀ ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਨੂੰ) ਮਿਲ ਸਕੀਦਾ ਹੈ ॥੧॥ ਰਹਾਉ ॥
18786	409	ਟੂਟੇ ਅਨ ਭਰਾਨਿ ਹਾਂ॥	(ਭਰਾਨਿ) ਭਟਕਣਾ	Ttoottae An Bharaan Haan ||	All doubts are dispelled,	ਹੇ ਮੇਰੇ ਮਨ! ਜਦੋਂ ਹੋਰ ਭਟਕਣਾਂ ਮੁੱਕ ਜਾਂਦੀਆਂ ਹਨ,
18787	409	ਰਵਿਓ ਸਰਬ ਥਾਨਿ ਹਾਂ॥	(ਰਵਿਓ) ਸਮਾਏ	Raviou Sarab Thhaan Haan ||	And the Lord is seen to be pervading all places.	ਜਦੋਂ ਹਰੇਕ ਥਾਂ ਵਿਚ ਪਰਮਾਤਮਾ ਹੀ ਵਿਆਪਕ ਦਿੱਸਦਾ ਹੈ,
18788	409	ਲਹਿਓ ਜਮ ਭਇਆਨਿ ਹਾਂ॥	(ਭਇਆਨਿ) ਭਿਆਨਕ	Lehiou Jam Bhaeiaan Haan ||	The fear of death is dispelled,	ਤਦੋਂ ਡਰਾਉਣੇ ਜਮ ਦਾ ਸਹਮ ਲਹਿ ਜਾਂਦਾ ਹੈ,

18789	409	ਪਾਇਓ ਪੇਡ ਥਾਨਿ ਹਾਂ॥	(ਪੇਡ ਥਾਨਿ) ਮੁੱਢ ਸਥਾਨ ਹਰਿ ਜੀ	Paaeiou Paedd Thhaan Haan ||	And the primal place is obtained.	ਸੰਸਾਰ-ਰੁੱਖ ਦੇ ਮੁੱਢ-ਹਰੀ ਦੇ ਚਰਨਾਂ ਵਿਚ ਟਿਕਾਣਾ ਮਿਲ ਜਾਂਦਾ ਹੈ,
18790	409	ਤਉ ਚੂਕੀ ਸਗਲ ਕਾਨਿ॥੧॥	(ਕਾਨਿ) ਮੁਥਾਜੀ	Tho Chookee Sagal Kaan ||1||	Then, all subservience is removed. ||1||	ਤਦੋਂ ਹਰੇਕ ਕਿਸਮ ਦੀ ਮੁਥਾਜੀ ਮੁੱਕ ਜਾਂਦੀ ਹੈ ॥੧॥
18791	409	ਲਹਨੋ ਜਿਸੁ ਮਥਾਨਿ ਹਾਂ॥	(ਲਹਨੋ) ਲੈਣਾ। (ਮਥਾਨਿ) ਮੱਥੇ ਤੇ	Lehano Jis Mathhaan Haan ||	One who has such destiny recorded upon his forehead, obtains it;	ਜਿਸ ਮਨੁੱਖ ਦੇ ਮੱਥੇ ਉੱਤੇ ਭਾਗ ਜਾਗਦੇ ਹਨ,
18792	409	ਭੈ ਪਾਵਕ ਪਾਰਿ ਪਰਾਨਿ ਹਾਂ॥	(ਪਾਵਕ) ਅੱਗ	Bhai Paavak Paar Paraan Haan ||	He crosses over the terrifying ocean of fire.	ਉਹ (ਵਿਕਾਰਾਂ ਦੀ) ਅੱਗ ਦੇ ਖ਼ਤਰੇ ਤੋਂ ਪਾਰ ਲੰਘ ਜਾਂਦਾ ਹੈ,
18793	409	ਨਿਜ ਘਰਿ ਤਿਸਹਿ ਥਾਨਿ ਹਾਂ॥		Nij Ghar Thisehi Thhaan Haan ||	He obtains a place in the home of his own self,	ਉਸ ਨੂੰ ਆਪਣੇ ਅਸਲ ਘਰ (ਪ੍ਰਭੂ-ਚਰਨਾਂ ਵਿਚ) ਥਾਂ ਮਿਲ ਜਾਂਦਾ ਹੈ,
18794	409	ਹਰਿ ਰਸ ਰਸਹਿ ਮਾਨਿ ਹਾਂ॥		Har Ras Rasehi Maan Haan ||	And enjoys the most sublime essence of the Lord's essence.	ਉਹ ਰਸਾਂ ਵਿਚ ਸ੍ਰੇਸ਼ਟ ਰਸ ਹਰਿ ਨਾਮ ਰਸ ਨੂੰ ਸਦਾ ਮਾਣਦਾ ਹੈ,
18795	409	ਲਾਥੀ ਤਿਸ ਭੁਖਾਨਿ ਹਾਂ॥	ਲੱਾਥੀ ਭੁੱਖਾਨਿ	Laathhee This Bhukhaan Haan ||	His hunger is appeased;	ਉਸ ਦੀ (ਮਾਇਆ ਵਾਲੀ) ਤ੍ਰੇਹ ਭੁੱਖ ਦੂਰ ਹੋ ਜਾਂਦੀ ਹੈ,
18796	409	ਨਾਨਕ ਸਹਜਿ ਸਮਾਇਓ ਰੇ ਮਨਾ॥੨॥੨॥੧੫੮॥		Naanak Sehaj Samaaeiou Rae Manaa ||2||2||158||	Nanak, he is absorbed in celestial peace, O my mind. ||2||2||158||	ਤੇ, ਹੇ ਨਾਨਕ! (ਆਖ-) ਹੇ ਮੇਰੇ ਮਨ! ਉਹ ਸਦਾ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ॥੨॥੨॥੧੫੮॥

18797	409	ਆਸਾਵਰੀ ਮਹਲਾ ੫॥		Aasaavaree Mehalaa 5 ||	Aasaavaree, Fifth Mehl:	
18798	409	ਹਰਿ ਹਰਿ ਹਰਿ ਗੁਨੀ ਹਾਂ॥		Har Har Har Gunee Haan ||	Sing the Praises of the Lord, Har, Har, Har.	(ਹੇ ਮੇਰੇ ਮਨ!) ਉਸ ਪਰਮਾਤਮਾ ਜੇਹੜਾ ਸਾਰੇ ਗੁਣਾਂ ਦਾ ਮਾਲਕ ਹੈ,
18799	409	ਜਪੀਐ ਸਹਜ ਧੁਨੀ ਹਾਂ॥		Japeeai Sehaj Dhhunee Haan ||	Meditate on the celestial music.	ਦਾ ਨਾਮ ਆਤਮਕ ਅਡੋਲਤਾ ਦੀ ਲਹਿਰ ਵਿਚ ਲੀਨ ਹੋ ਕੇ ਜਪਣਾ ਚਾਹੀਦਾ,
18800	409	ਸਾਧੂ ਰਸਨ ਭਨੀ ਹਾਂ॥		Saadhhoo Rasan Bhanee Haan ||	The tongues of the holy Saints repeat it.	ਗੁਰੂ ਦੀ ਸਰਨ ਪੈ ਕੇ (ਆਪਣੀ) ਜੀਭ ਨਾਲ ਪਰਮਾਤਮਾ ਦੇ ਗੁਣ ਉਚਾਰ!
18801	409	ਛੂਟਨ ਬਿਧਿ ਸੁਨੀ ਹਾਂ॥		Shhoottan Bidhh Sunee Haan ||	I have heard that this is the way to emancipation.	ਸੁਣ, ਇਹੀ ਹੈ ਵਿਕਾਰਾਂ ਤੋਂ ਬਚਣ ਦਾ ਤਰੀਕਾ,
18802	409	ਪਾਈਐ ਵਡ ਪੁਨੀ ਮੇਰੇ ਮਨਾ॥੧॥ਰਹਾਉ॥		Paaeeai Vadd Punee Maerae Manaa ||1|| Rehaao ||	This is found by the greatest merit, O my mind. ||1||Pause||	ਹੇ ਮੇਰੇ ਮਨ! ਪਰ ਇਹ ਵੱਡੇ ਭਾਗਾਂ ਨਾਲ ਪ੍ਰਾਪਤ ਹੁੰਦਾ ਹੈ ॥੧॥ ਰਹਾਉ ॥
18803	409	ਖੋਜਹਿ ਜਨ ਮੁਨੀ ਹਾਂ॥		Khojehi Jan Munee Haan ||	The silent sages search for Him.	ਸਾਰੇ ਰਿਸ਼ੀ ਮੁਨੀ ਉਸ ਪਰਮਾਤਮਾ ਨੂੰ ਖੋਜਦੇ ਆ ਰਹੇ ਹਨ,
18804	409	ਸ੍ਰਬ ਕਾ ਪ੍ਰਭ ਧਨੀ ਹਾਂ॥		Srab Kaa Prabh Dhhanee Haan ||	God is the Master of all.	ਜੇਹੜਾ ਸਾਰੇ ਜੀਵਾਂ ਦਾ ਮਾਲਕ ਪ੍ਰਭੂ ਹੈ,
18805	409	ਦੁਲਭ ਕਲਿ ਦੁਨੀ ਹਾਂ॥	(ਕਲਿ) ਕਲਯੁੱਗ। ਦੁ-ਲੱਭ	Dhulabh Kal Dhunee Haan ||	It is so difficult to find Him in this world, in this Dark Age of Kali Yuga.	ਜੇਹੜਾ ਇਸ ਮਾਇਆ-ਵੇੜ੍ਹੀ ਦੁਨੀਆ ਵਿਚ ਲੱਭਣਾ ਔਖਾ ਹੈ,

18806	409	ਦੂਖ ਬਿਨਾਸਨੀ ਹਾਂ॥		Dhookh Binaasanee Haan ||	He is the Dispeller of distress.	ਜੇਹੜਾ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ,
18807	409	ਪ੍ਰਭ ਪੂਰਨ ਆਸਨੀ ਮੇਰੇ ਮਨਾ॥੧॥		Prabh Pooran Aasanee Maerae Manaa ||1||	God is the Fulfiller of desires, O my mind. ||1||	ਹੇ ਮੇਰੇ ਮਨ! ਤੇ ਜੇਹੜਾ ਸਭ ਦੀਆਂ ਆਸਾਂ ਪੂਰੀਆਂ ਕਰਨ ਵਾਲਾ ਹੈ ॥੧॥
18808	409	ਮਨ ਸੋ ਸੇਵੀਐ ਹਾਂ॥		Man So Saeveeai Haan ||	O my mind, serve Him.	ਹੇ (ਮੇਰੇ) ਮਨ! ਉਸ ਪਰਮਾਤਮਾ ਦੀ ਸੇਵਾ-ਭਗਤੀ ਕਰਨੀ ਚਾਹੀਦੀ ਹੈ,
18809	410	ਅਲਖ ਅਭੇਵੀਐ ਹਾਂ॥	ਅ-ਲਖ: ਪੋਲਾ ਬੋਲੋ	Alakh Abhaeveeai Haan ||	He is unknowable and inscrutable.	ਜਿਸ ਦਾ ਸਹੀ-ਸਰੂਪ ਦੱਸਿਆ ਨਹੀਂ ਜਾ ਸਕਦਾ ਤੇ ਜਿਸ ਦਾ ਭੇਤ ਪਾਇਆ ਨਹੀਂ ਜਾ ਸਕਦਾ।
18810	410	ਤਾਂ ਸਿਉ ਪ੍ਰੀਤਿ ਕਰਿ ਹਾਂ॥		Thaan Sio Preeth Kar Haan ||	Enshrine love for Him.	(ਹੇ ਮੇਰੇ ਮਨ!) ਉਸ ਪਰਮਾਤਮਾ ਨਾਲ ਪਿਆਰ ਪਾ,
18811	410	ਬਿਨਸਿ ਨ ਜਾਇ ਮਰਿ ਹਾਂ॥	(ਬਿਨਸਿ) ਨਾਸ। ਨ ਦੇਲ੍ਹੀ ਦੀਵਾ	Binas N Jaae Mar Haan ||	He does not perish, or go away, or die.	ਜੇਹੜਾ ਕਦੇ ਨਾਸ ਨਹੀਂ ਹੁੰਦਾ ਜੋ ਨਾਹ ਜੰਮਦਾ ਹੈ ਤੇ ਨਾਹ ਮਰਦਾ ਹੈ।
18812	410	ਗੁਰ ਤੇ ਜਾਨਿਆ ਹਾਂ॥		Gur Thae Jaaniaa Haan ||	He is known only through the Guru.	ਜਿਸ ਮਨੁੱਖ ਨੇ ਗੁਰੂ ਦੀ ਰਾਹੀਂ ਉਸ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ,
18813	410	ਨਾਨਕ ਮਨੁ ਮਾਨਿਆ ਮੇਰੇ ਮਨਾ॥੨॥੩॥੧੫੯॥		Naanak Man Maaniaa Maerae Manaa ||2||3||159||	Nanak, my mind is satisfied with the Lord, O my mind. ||2||3||159||	ਹੇ ਨਾਨਕ! (ਆਖ-) ਹੇ ਮੇਰੇ ਮਨ! ਉਸ ਦਾ ਮਨ ਸਦਾ (ਉਸ ਦੀ ਯਾਦ ਵਿਚ) ਗਿੱਝ ਜਾਂਦਾ ਹੈ ॥੨॥੩॥੧੫੯॥

18814	410	ਆਸਾਵਰੀ ਮਹਲਾ ੫॥		Aasaavaree Mehalaa 5 ||	Aasaavaree, Fifth Mehl:	
18815	410	ਏਕਾ ਓਟ ਗਹੁ ਹਾਂ॥	(ਗਹੁ) ਫੜ	Eaekaa Outt Gahu Haan ||	Grab hold of the Support of the One Lord.	ਹੇ ਮੇਰੇ ਮਨ! ਇਕ ਪਰਮਾਤਮਾ ਦਾ ਪੱਲਾ ਫੜ,
18816	410	ਗੁਰ ਕਾ ਸਬਦੁ ਕਹੁ ਹਾਂ॥		Gur Kaa Sabadh Kahu Haan ||	Chant the Word of the Guru's Shabad.	ਸਦਾ ਗੁਰੂ ਦੀ ਬਾਣੀ ਉਚਾਰਦਾ ਰਹੁ।
18817	410	ਆਗਿਆ ਸਤਿ ਸਹੁ ਹਾਂ॥		Aagiaa Sath Sahu Haan ||	Submit to the Order of the True Lord.	ਪਰਮਾਤਮਾ ਦੀ ਰਜ਼ਾ ਨੂੰ ਮਿੱਠੀ ਕਰ ਕੇ ਮੰਨ।
18818	410	ਮਨਹਿ ਨਿਧਾਨੁ ਲਹੁ ਹਾਂ॥		Manehi Nidhhaan Lahu Haan ||	Receive the treasure in your mind.	ਆਪਣੇ ਮਨ ਵਿਚ ਵੱਸਦੇ ਸਾਰੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਨੂੰ ਲੱਭ ਲੈ।
18819	410	ਸੁਖਹਿ ਸਮਾਈਐ ਮੇਰੇ ਮਨਾ॥੧॥ਰਹਾਉ॥		Sukhehi Samaaeeai Maerae Manaa ||1|| Rehaao ||	Thus you shall be absorbed in peace, O my mind. ||1||Pause||	ਹੇ ਮੇਰੇ ਮਨ! (ਇਸ ਤਰ੍ਹਾਂ ਸਦਾ) ਆਤਮਕ ਆਨੰਦ ਵਿਚ ਲੀਨ ਰਹੀਦਾ ਹੈ ॥੧॥ ਰਹਾਉ ॥
18820	410	ਜੀਵਤ ਜੋ ਮਰੈ ਹਾਂ॥		Jeevath Jo Marai Haan ||	One who is dead while yet alive,	ਜੇਹੜਾ ਮਨੁੱਖ ਕਿਰਤ-ਕਾਰ ਕਰਦਾ ਹੋਇਆ ਮਾਇਆ ਦੇ ਮੋਹ ਵਲੋਂ ਅਛੋਹ ਰਹਿੰਦਾ ਹੈ,
18821	410	ਦੁਤਰੁ ਸੋ ਤਰੈ ਹਾਂ॥	(ਦੁੱਤ-ਰੁ) ਤਰਨਾ ਕਠਨ	Dhuthar So Tharai Haan ||	Crosses over the terrifying world-ocean.	ਉਹ ਮਨੁੱਖ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ, ਜਿਸ ਵਿਚੋਂ ਪਾਰ ਲੰਘਣਾ ਬਹੁਤ ਔਖਾ ਹੈ,
18822	410	ਸਭ ਕੀ ਰੇਨੁ ਹੋਇ ਹਾਂ॥		Sabh Kee Raen Hoe Haan ||	One who becomes the dust of all	ਜੇ ਉਹ ਮਨੁੱਖ ਸਭਨਾਂ ਦੇ ਚਰਨਾਂ ਦੀ ਧੂੜ ਹੋਇਆ ਰਹਿੰਦਾ ਹੈ।

18823	410	ਨਿਰਭਉ ਕਹਉ ਸੋਇ ਹਾਂ॥		Nirabho Keho Soe Haan ||	He alone is called fearless.	ਜੇ ਮੈਂ ਭੀ ਉਸ ਨਿਰਭਉ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਰਹਾਂ,
18824	410	ਮਿਟੇ ਅੰਦੇਸਿਆ ਹਾਂ॥	(ਅੰਦੇਸਿਆ) ਚਿੰਤਾ	Mittae Andhaesiaa Haan ||	His anxieties are removed	ਤਾਂ ਮੇਰੇ ਸਾਰੇ ਚਿੰਤਾ ਫ਼ਿਕਰ ਮਿਟ ਜਾਣਗੇ।
18825	410	ਸੰਤ ਉਪਦੇਸਿਆ ਮੇਰੇ ਮਨਾ॥੧॥		Santh Oupadhaesiaa Maerae Manaa ||1||	By the Teachings of the Saints, O my mind. ||1||	ਹੇ ਮੇਰੇ ਮਨ! (ਆਖ!) ਤੈਨੂੰ ਸਤਿਗੁਰੂ ਦੀ ਇਹ ਸਿੱਖਿਆ ਪ੍ਰਾਪਤ ਹੋ ਜਾਵੇ ॥੧॥
18826	410	ਜਿਸੁ ਜਨ ਨਾਮ ਸੁਖੁ ਹਾਂ॥		Jis Jan Naam Sukh Haan ||	That humble being, who takes happiness in the Naam, the Name of the Lord	ਜਿਸ ਮਨੁੱਖ ਨੂੰ ਪਰਮਾਤਮਾ ਦੇ ਨਾਮ ਦਾ ਆਨੰਦ ਪ੍ਰਾਪਤ ਹੋ ਜਾਂਦਾ ਹੈ,
18827	410	ਤਿਸੁ ਨਿਕਟਿ ਨ ਕਦੇ ਦੁਖੁ ਹਾਂ॥		This Nikatt N Kadhae Dhukh Haan ||	Pain never draws near him.	ਕਦੇ ਕੋਈ ਦੁੱਖ ਉਸ ਦੇ ਨੇੜੇ ਨਹੀਂ ਢੁੱਕਦਾ।
18828	410	ਜੋ ਹਰਿ ਹਰਿ ਜਸੁ ਸੁਨੇ ਹਾਂ॥		Jo Har Har Jas Sunae Haan ||	One who listens to the Praise of the Lord, Har, Har,	ਜੇਹੜਾ ਮਨੁੱਖ ਪਰਮਾਤਮਾ ਦੀ ਸਿਫ਼ਤ-ਸਾਲਾਹ ਸਦਾ ਸੁਣਦਾ ਰਹਿੰਦਾ ਹੈ,
18829	410	ਸਭੁ ਕੋ ਤਿਸੁ ਮੰਨੇ ਹਾਂ॥		Sabh Ko This Mannae Haan ||	Is obeyed by all men.	(ਦੁਨੀਆ ਵਿਚ) ਹਰੇਕ ਮਨੁੱਖ ਉਸ ਦਾ ਆਦਰ-ਸਤਕਾਰ ਕਰਦਾ ਹੈ।
18830	410	ਸਫਲੁ ਸੁ ਆਇਆ ਹਾਂ॥		Safal S Aaeiaa Haan ||	How fortunate it is that he came into the world;	ਜਗਤ ਵਿਚ ਜੰਮਿਆ ਹੋਇਆ ਉਹੀ ਮਨੁੱਖ ਕਾਮਯਾਬ ਜੀਵਨ ਵਾਲਾ ਹੈ,

18831	410	ਨਾਨਕ ਪ੍ਰਭ ਭਾਇਆ ਮੇਰੇ ਮਨਾ॥੨॥੪॥੧੬੦॥		Naanak Prabh Bhaaeiaa Maerae Manaa ||2||4||160||	Nanak, he is pleasing to God, O my mind. ||2||4||160||	ਹੇ ਨਾਨਕ! (ਆਖ-) ਹੇ ਮੇਰੇ ਮਨ! ਜੇਹੜਾ ਪਰਮਾਤਮਾ ਨੂੰ ਪਿਆਰਾ ਲੱਗ ਗਿਆ ਹੈ ॥੨॥੪॥੧੬੦॥
18832	410	ਆਸਾਵਰੀ ਮਹਲਾ ੫॥		Aasaavaree Mehalaa 5 ||	Aasaavaree, Fifth Mehl:	
18833	410	ਮਿਲਿ ਹਰਿ ਜਸੁ ਗਾਈਐ ਹਾਂ॥		Mil Har Jas Gaaeeai Haan ||	Meeting together, let us sing the Praises of the Lord,	(ਸਾਧ ਸੰਗਤਿ ਵਿਚ) ਮਿਲ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਣਾ ਚਾਹੀਦਾ ਹੈ,
18834	410	ਪਰਮਪਦੁ ਪਾਈਐ ਹਾਂ॥		Param Padh Paaeeai Haan ||	And attain the supreme state.	(ਇਸ ਤਰ੍ਹਾਂ) ਆਤਮਕ ਜੀਵਨ ਦਾ ਸਭ ਤੋਂ ਉੱਚਾ ਦਰਜਾ ਹਾਸਲ ਕਰ ਲਈਦਾ ਹੈ।
18835	410	ਉਆ ਰਸ ਜੋ ਬਿਧੇ ਹਾਂ॥	(ਬਿੱਧੇ) ਵਿੰਨ੍ਹੇ ਮਗਨ	Ouaa Ras Jo Bidhhae Haan ||	Those who obtain that sublime essence,	ਜਿਹੜਾ ਮਨੁੱਖ (ਸਿਫ਼ਤ-ਸਾਲਾਹ ਦੇ) ਉਸ ਸੁਆਦ ਵਿਚ ਵਿੱਝ ਜਾਂਦਾ ਹੈ,
18836	410	ਤਾਕਉ ਸਗਲ ਸਿਧੇ ਹਾਂ॥	(ਸਿੱਧੇ) ਸਫ਼ਲਤਾ	Thaa Ko Sagal Sidhhae Haan ||	Obtain all of the spiritual powers of the Siddhas.	ਉਸ ਨੂੰ (ਮਾਨੋ) ਸਾਰੀਆਂ ਸਿੱਧੀਆਂ ਪ੍ਰਾਪਤ ਹੋ ਜਾਂਦੀਆਂ ਹਨ।
18837	410	ਅਨ ਦਿਨੁ ਜਾਗਿਆ ਹਾਂ॥		Anadhin Jaagiaa Haan ||	They remain awake and aware night and day;	ਜੋ ਹਰ ਵੇਲੇ (ਵਿਕਾਰਾਂ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ (ਜਿਹੜਾ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ),

18838	410	ਨਾਨਕ ਬਡਭਾਗਿਆ ਮੇਰੇ ਮਨਾ॥੧॥ਰਹਾਉ॥		Naanak Baddabhaagiaa Maerae Manaa ||1|| Rehaao ||	Nanak, they are blessed by great good fortune, O my mind. ||1||Pause||	ਹੇ ਨਾਨਕ! (ਆਖ-) ਹੇ ਮੇਰੇ ਮਨ! ਉਹ ਮਨੁੱਖ ਵੱਡੇ ਭਾਗਾਂ ਵਾਲਾ ਹੋ ਜਾਂਦਾ ਹੈ ॥੧॥ ਰਹਾਉ ॥
18839	410	ਸੰਤ ਪਗ ਧੋਈਐ ਹਾਂ॥		Santh Pag Dhhoeeai Haan ||	Let us wash the feet of the Saints;	ਸੰਤ ਜਨਾਂ ਦੇ ਚਰਨ ਧੋਣੇ ਚਾਹੀਦੇ ਹਨ (ਆਪਾ-ਭਾਵ ਛੱਡ ਕੇ ਸੰਤਾਂ ਦੀ ਸਰਨ ਪੈਣਾ ਚਾਹੀਦਾ ਹੈ),
18840	410	ਦੁਰਮਤਿ ਖੋਈਐ ਹਾਂ॥	ਦੁਰ-ਮੱਤਿ	Dhuramath Khoeeai Haan ||	Our evil-mindedness shall be cleansed.	(ਇਸ ਤਰ੍ਹਾਂ ਮਨ ਦੀ) ਖੋਟੀ ਮਤਿ ਦੂਰ ਹੋ ਜਾਂਦੀ ਹੈ।
18841	410	ਦਾਸਹ ਰੇਨੁ ਹੋਇ ਹਾਂ॥		Dhaaseh Raen Hoe Haan ||	Becoming the dust of the feet of the Lord's slaves,	ਪ੍ਰਭੂ ਦੇ ਸੇਵਕਾਂ ਦੀ ਚਰਨ-ਧੂੜ ਬਣਿਆ ਰਹੁ,
18842	410	ਬਿਆਪੈ ਦੁਖੁ ਨ ਕੋਇ ਹਾਂ॥		Biaapai Dhukh N Koe Haan ||	One shall not be afflicted with pain.	(ਇਸ ਤਰ੍ਹਾਂ) ਕੋਈ ਦੁੱਖ ਆਪਣਾ ਜ਼ੋਰ ਨਹੀਂ ਪਾ ਸਕਦਾ।
18843	410	ਭਗਤਾਂ ਸਰਨਿ ਪਰੁ ਹਾਂ ॥		Bhagathaan Saran Par Haan ||	Taking to the Sanctuary of His devotees,	ਭਗਤ-ਜਨਾਂ ਦੀ ਸਰਨੀਂ ਪਿਆ ਰਹੁ,
18844	410	ਜਨਮਿ ਨ ਕਦੇ ਮਰੁ ਹਾਂ॥		Janam N Kadhae Mar Haan ||	He is no longer subject to birth and death.	ਜਨਮ ਮਰਨ ਦਾ ਗੇੜ ਨਹੀਂ ਰਹੇਗਾ।
18845	410	ਅਸਥਿਰੁ ਸੇ ਭਏ ਹਾਂ॥		Asathhir Sae Bheae Haan ||	They alone become eternal,	ਉਹ ਅਡੋਲ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ,

18846	410	ਹਰਿ ਹਰਿ ਜਿਨ੍ ਜਪਿ ਲਏ ਮੇਰੇ ਮਨਾ॥੧॥		Har Har Jinh Jap Leae Maerae Manaa ||1||	Who chant the Name of the Lord, Har, Har, O my mind. ||1||	ਹੇ ਮੇਰੇ ਮਨ! ਜੇਹੜੇ ਮਨੁੱਖ ਸਦਾ ਪਰਮਾਤਮਾ ਦਾ ਨਾਮ ਜਪਦੇ ਹਨ ॥੧॥
18847	410	ਸਾਜਨੁ ਮੀਤੁ ਤੂੰ ਹਾਂ॥		Saajan Meeth Thoon Haan ||	You are my Friend, my Best Friend.	(ਹੇ ਮੇਰੇ ਪ੍ਰਭੂ!) ਤੂੰ ਹੀ (ਮੇਰਾ) ਸੱਜਣ ਹੈਂ, ਤੂੰ ਹੀ (ਮੇਰਾ) ਮਿੱਤਰ ਹੈਂ,
18848	410	ਨਾਮੁ ਦ੍ਰਿੜਾਇ ਮੂੰ ਹਾਂ॥		Naam Dhrirraae Moon Haan ||	Please, implant the Naam, the Name of the Lord, within me.	ਮੈਨੂੰ (ਮੇਰੇ ਹਿਰਦੇ ਵਿਚ ਆਪਣਾ) ਨਾਮ ਪੱਕਾ ਕਰ ਕੇ ਟਿਕਾ ਦੇਹ।
18849	410	ਤਿਸੁ ਬਿਨੁ ਨਾਹਿ ਕੋਇ ਹਾਂ॥		This Bin Naahi Koe Haan ||	Without Him, there is not any other.	ਜਿਸ ਪਰਮਾਤਮਾ ਤੋਂ ਬਿਨਾ ਹੋਰ ਕੋਈ (ਅਸਲ ਸੱਜਣ ਮਿੱਤਰ) ਨਹੀਂ ਹੈ,
18850	410	ਮਨਹਿ ਅਰਾਧਿ ਸੋਇ ਹਾਂ॥		Manehi Araadhh Soe Haan ||	Within my mind, I worship Him in adoration.	ਸਦਾ ਉਸ (ਪ੍ਰਭੂ) ਨੂੰ ਹੀ ਮਨ ਵਿੱਚ ਸਿਮਰਦਾ ਰਹੁ।
18851	410	ਨਿਮਖ ਨ ਵੀਸਰੈ ਹਾਂ॥		Nimakh N Veesarai Haan ||	I do not forget Him, even for an instant.	ਉਸ (ਪਰਮਾਤਮਾ ਨੂੰ) ਅੱਖ ਝਮਕਣ ਜਿਤਨੇ ਸਮੇ ਲਈ ਭੀ ਭੁੱਲਣਾ ਨਹੀਂ ਚਾਹੀਦਾ,
18852	410	ਤਿਸੁ ਬਿਨੁ ਕਿਉ ਸਰੈ ਹਾਂ॥		This Bin Kio Sarai Haan ||	How can I live without Him?	(ਕਿਉਂਕਿ) ਉਸ (ਦੀ ਯਾਦ) ਤੋਂ ਬਿਨਾ ਜੀਵਨ ਸੁਖੀ ਨਹੀਂ ਗੁਜ਼ਰਦਾ।
18853	410	ਗੁਰ ਕਉ ਕੁਰਬਾਨੁ ਜਾਉ ਹਾਂ॥		Gur Ko Kurabaan Jaao Haan ||	I am a sacrifice to the Guru.	ਮੈਂ ਗੁਰੂ ਤੋਂ ਸਦਕੇ ਜਾਂਦਾ ਹਾਂ (ਕਿਉਂਕਿ ਗੁਰੂ ਦੀ ਕਿਰਪਾ ਨਾਲ ਹੀ),

18854	410	ਨਾਨਕੁ ਜਪੇ ਨਾਉ ਮੇਰੇ ਮਨਾ॥੨॥੫॥੧੬੧॥		Naanak Japae Naao Maerae Manaa ||2||5||161||	Nanak, chant the Name, O my mind. ||2||5||161||	ਹੇ ਨਾਨਕ! ਮੇਰਾ ਮਨ (ਪਰਮਾਤਮਾ ਦਾ) ਨਾਮ ਜਪਦਾ ਹੈ ॥੨॥੫॥੧੬੧॥
18855	410	ਆਸਾਵਰੀ ਮਹਲਾ ੫॥		Aasaavaree Mehalaa 5 ||	Aasaavaree, Fifth Mehl:	
18856	410	ਕਾਰਨ ਕਰਨ ਤੂੰ ਹਾਂ॥		Kaaran Karan Thoon Haan ||	You are the Creator, the Cause of causes.	(ਹੇ ਪ੍ਰਭ!) ਤੂੰ ਸਾਰੇ ਜਗਤ ਦਾ ਰਚਨਹਾਰ ਹੈਂ,
18857	410	ਅਵਰੁ ਨਾ ਸੁਝੈ ਮੂੰ ਹਾਂ॥	(ਮੂੰ) ਮੈਨੂੰ	Avar Naa Sujhai Moon Haan ||	I cannot think of any other.	ਤੈਥੋਂ ਬਿਨਾ ਮੈਨੂੰ ਕੋਈ ਹੋਰ ਨਹੀਂ ਸੁੱਝਦਾ (ਜੋ ਇਹ ਤਾਕਤ ਰੱਖਦਾ ਹੋਵੇ),
18858	410	ਕਰਹਿ ਸੁ ਹੋਈਐ ਹਾਂ॥		Karehi S Hoeeai Haan ||	Whatever You do, comes to pass.	ਹੇ ਪ੍ਰਭੂ! ਜੋ ਕੁਝ ਤੂੰ ਕਰਦਾ ਹੈਂ ਉਹੀ (ਜਗਤ ਵਿਚ) ਵਰਤਦਾ ਹੈ।
18859	410	ਸਹਜਿ ਸੁਖਿ ਸੋਈਐ ਹਾਂ॥		Sehaj Sukh Soeeai Haan ||	I sleep in peace and poise.	ਉਹੀ ਮਨੁਖ ਆਤਮਕ ਅਡੋਲਤਾ ਵਿਚ ਆਨੰਦ ਵਿਚ ਲੀਨ ਰਹਿ ਸਕੀਦਾ ਹੈ,
18860	410	ਧੀਰਜ ਮਨਿ ਭਏ ਹਾਂ॥		Dhheeraj Man Bheae Haan ||	My mind has become patient,	ਤੇ ਉਸ ਦਾ ਹੀ ਮਨ ਵਿਚ ਹੌਸਲਾ ਬੱਝ ਜਾਂਦਾ ਹੈ,
18861	410	ਪ੍ਰਭ ਕੈ ਦਰਿ ਪਏ ਮੇਰੇ ਮਨਾ॥੧॥ਰਹਾਉ॥		Prabh Kai Dhar Peae Maerae Manaa ||1|| Rehaao ||	Since I fell at God's Door, O my mind. ||1||Pause||	ਹੇ ਮੇਰੇ ਮਨ! (ਚਤੁਰਾਈਆਂ ਛੱਡ ਕੇ) ਜੋ ਮਨੁਖ ਪਰਮਾਤਮਾ ਦੇ ਦਰ ਤੇ ਡਿੱਗ ਪਵੇ ॥੧॥ ਰਹਾਉ ॥

18862	410	ਸਾਧੂਸੰਗਮੇ ਹਾਂ॥		Saadhhoo Sangamae Haan ||	Joining the Saadh Sangat, the Company of the Holy,	(ਹੇ ਮੇਰੇ ਮਨ) ਗੁਰੂ ਦੀ ਸੰਗਤਿ ਵਿਚ ਰਿਹਾਂ,
18863	410	ਪੂਰਨ ਸੰਜਮੇ ਹਾਂ॥		Pooran Sanjamae Haan ||	I gained perfect control over my senses.	ਉਹ ਜੁਗਤਿ ਪੂਰਨ ਤੌਰ ਤੇ ਆ ਜਾਂਦੀ ਹੈ।
18864	410	ਜਬ ਤੇ ਛੁਟੇ ਆਪ ਹਾਂ॥	ਛੁੱਟੇ	Jab Thae Shhuttae Aap Haan ||	Ever since I rid myself of my self-conceit,	(ਹੇ ਮਨ!) ਜਿਸ ਵੇਲੇ (ਮਨੁੱਖ ਦੇ ਅੰਦਰੋਂ) ਹਉਮੈ ਅਹੰਕਾਰ ਮੁੱਕ ਜਾਂਦਾ ਹੈ,
18865	410	ਤਬ ਤੇ ਮਿਟੇ ਤਾਪ ਹਾਂ॥		Thab Thae Mittae Thaap Haan ||	My sufferings have ended.	(ਤੇ ਗੁਰੂ ਦੀ ਓਟ ਠੀਕ ਜਾਪਦੀ ਹੈ) ਉਸੇ ਵੇਲੇ ਤੋਂ (ਮਨ ਦੇ) ਸਾਰੇ ਦੁੱਖ-ਕਲੇਸ਼ ਦੂਰ ਹੋ ਜਾਂਦੇ ਹਨ।
18866	410	ਕਿਰਪਾ ਧਾਰੀਆ ਹਾਂ॥		Kirapaa Dhhaareeaa Haan ||	He has showered His Mercy upon me.	ਹੇ ਜਗਤ ਦੇ ਮਾਲਕ-ਪ੍ਰਭੂ! ਮੇਰੇ ਉੱਤੇ ਮੇਹਰ ਕਰ,
18867	410	ਪਤਿ ਰਖੁ ਬਨਵਾਰੀਆ ਮੇਰੇ ਮਨਾ॥੧॥		Path Rakh Banavaareeaa Maerae Manaa ||1||	The Creator Lord has preserved my honor, O my mind. ||1||	ਤੇ ਮੇਰੀ (ਸਰਨ ਪਏ ਦੀ) ਇੱਜ਼ਤ ਰੱਖ ॥੧॥
18868	410	ਇਹੁ ਸੁਖੁ ਜਾਨੀਐ ਹਾਂ॥		Eihu Sukh Jaaneeai Haan ||	Know that this is the only peace;	(ਹੇ ਮੇਰੇ ਮਨ!) ਇਸੇ ਨੂੰ ਹੀ ਸੁਖ (ਦਾ ਮੂਲ) ਸਮਝਣਾ ਚਾਹੀਦਾ ਹੈ,
18869	410	ਹਰਿ ਕਰੇ ਸੁ ਮਾਨੀਐ ਹਾਂ॥		Har Karae S Maaneeai Haan ||	Accept whatever the Lord does.	ਜੋ ਕੁਝ ਪਰਮਾਤਮਾ ਕਰਦਾ ਹੈ ਉਸ ਨੂੰ (ਮਿੱਠਾ ਕਰ ਕੇ) ਮੰਨਣਾ ਚਾਹੀਦਾ ਹੈ,
18870	410	ਮੰਦਾ ਨਾਹਿ ਕੋਇ ਹਾਂ॥		Mandhaa Naahi Koe Haan ||	No one is bad.	ਹੇ ਮਨ! ਜੇਹੜਾ ਮਨੁੱਖ ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣਦਾ ਹੈ,

18871	410	ਸੰਤ ਕੀ ਰੇਨ ਹੋਇ ਹਾਂ॥		Santh Kee Raen Hoe Haan ||	Become the dust of the Feet of the Saints.	ਉਸ ਨੂੰ (ਜਗਤ ਵਿਚ) ਕੋਈ ਭੈੜਾ ਨਹੀਂ ਦਿੱਸਦਾ।
18872	410	ਆਪੇ ਜਿਸੁ ਰਖੈ ਹਾਂ॥	ਰੱਖੈ	Aapae Jis Rakhai Haan ||	He Himself preserves those	(ਪਰਮਾਤਮਾ) ਆਪ ਹੀ ਜਿਸ ਮਨੁੱਖ ਨੂੰ (ਵਿਕਾਰਾਂ ਵਲੋਂ) ਬਚਾਂਦਾ ਹੈ,
18873	410	ਹਰਿ ਅੰਮ੍ਰਿਤੁ ਸੋ ਚਖੈ ਮੇਰੇ ਮਨਾ॥੨॥	ਚੱਖੈ	Har Anmrith So Chakhai Maerae Manaa ||2||	Who taste the Ambrosial Nectar of the Lord, O my mind. ||2||	ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਜਲ ਪੀਂਦਾ ਹੈ ॥੨॥
18874	410	ਜਿਸ ਕਾ ਨਾਹਿ ਕੋਇ ਹਾਂ॥		Jis Kaa Naahi Koe Haan ||	One who has no one to call his own	(ਹੇ ਮੇਰੇ ਮਨ!) ਜਿਸ ਮਨੁੱਖ ਦਾ ਕੋਈ ਭੀ ਸਹਾਈ ਨਹੀਂ ਬਣਦਾ,
18875	410	ਤਿਸ ਕਾ ਪ੍ਰਭੂ ਸੋਇ ਹਾਂ॥		This Kaa Prabhoo Soe Haan ||	God belongs to him.	(ਜੇ ਉਹ ਪ੍ਰਭੂ ਦੀ ਸਰਨ ਆ ਪਏ, ਤਾਂ) ਉਹ ਪ੍ਰਭੂ ਉਸ ਦਾ ਰਾਖਾ ਬਣ ਜਾਂਦਾ ਹੈ।
18876	410	ਅੰਤਰਗਤਿ ਬੁਝੈ ਹਾਂ॥	ਬੁੱਝੈ	Antharagath Bujhai Haan ||	God knows the state of our innermost being.	ਉਹ ਪਰਮਾਤਮਾ ਹਰੇਕ ਦੇ ਦਿਲ ਦੀ ਗੱਲ ਜਾਣ ਲੈਂਦਾ ਹੈ,
18877	410	ਸਭੁ ਕਿਛੁ ਤਿਸੁ ਸੁਝੈ ਹਾਂ॥	ਸੁੱਝੈ	Sabh Kishh This Sujhai Haan ||	He knows everything.	ਉਸ ਨੂੰ ਹਰੇਕ ਜੀਵ ਦੀ ਹਰੇਕ ਮਨੋ-ਕਾਮਨਾ ਦੀ ਸਮਝ ਆ ਜਾਂਦੀ ਹੈ।
18878	410	ਪਤਿਤ ਉਧਾਰਿ ਲੇਹੁ ਹਾਂ॥		Pathith Oudhhaar Laehu Haan ||	Please, Lord, save the sinners.	(ਸਾਨੂੰ ਵਿਕਾਰਾਂ ਵਿਚ) ਡਿੱਗੇ ਜੀਵਾਂ ਨੂੰ (ਵਿਕਾਰਾਂ ਤੋਂ) ਬਚਾ ਲੈ!

18879	410	ਨਾਨਕ ਅਰਦਾਸਿ ਏਹੁ ਮੇਰੇ ਮਨਾ॥੩॥੬॥੧੬੨॥		Naanak Aradhaas Eaehu Maerae Manaa ||3||6||162||	This is Nanak's prayer, O my mind. ||3||6||162||	ਹੇ ਨਾਨਕ! ਮੇਰਾ ਮਨ, (ਪਰਮਾਤਮਾ ਦੇ ਦਰ ਤੇ) ਇਉਂ ਅਰਜ਼ੋਈ ਕਰਦਾ ਹੈ ॥੩॥੬॥੧੬੨॥
18880	410	ਆਸਾਵਰੀ ਮਹਲਾ ੫ ਇਕਤੁਕਾ॥		Aasaavaree Mehalaa 5 Eikathukaa ||	Aasaavaree, Fifth Mehl, Ik-Tukas:	
18881	410	ਓਇ ਪਰਦੇਸੀਆ ਹਾਂ॥	ਇੱਕ-ਤੁਕਾ	Oue Paradhaeseeaa Haan ||	O my stranger soul,	ਜਗਤ ਵਿਚ ਚਾਰ ਦਿਨਾਂ ਲਈ ਆਏ ਹੇ ਜੀਵ!
18882	410	ਸੁਨਤ ਸੰਦੇਸਿਆ ਹਾਂ॥੧॥ਰਹਾਉ॥		Sunath Sandhaesiaa Haan ||1|| Rehaao ||	Listen to the call. ||1||Pause||	ਇਹ ਸੁਨੇਹਾ ਧਿਆਨ ਨਾਲ ਸੁਣ ॥੧॥ ਰਹਾਉ ॥
18883	410	ਜਾ ਸਿਉ ਰਚਿ ਰਹੇ ਹਾਂ॥		Jaa Sio Rach Rehae Haan ||	Whatever you are attached to,	(ਤੈਥੋਂ ਪਹਿਲਾਂ ਇਥੇ ਆਏ ਹੋਏ ਜੀਵ) ਜਿਸ ਮਾਇਆ ਦੇ ਮੋਹ ਵਿਚ ਫਸੇ ਰਹੇ,
18884	411	ਸਭ ਕਉ ਤਜਿ ਗਏ ਹਾਂ॥		Sabh Ko Thaj Geae Haan ||	You shall have to leave it all behind.	ਆਖ਼ਰ ਉਸ ਸਾਰੀ ਨੂੰ ਛੱਡ ਕੇ ਇਥੋਂ ਚਲੇ ਗਏ,
18885	411	ਸੁਪਨਾ ਜਿਉ ਭਏ ਹਾਂ॥		Supanaa Jio Bheae Haan ||	These things seem like only a dream,	(ਹੁਣ ਉਹ) ਸੁਪਨੇ ਵਾਂਗ ਹੋ ਗਏ ਹਨ (ਕੋਈ ਉਹਨਾਂ ਨੂੰ ਚੇਤੇ ਭੀ ਨਹੀਂ ਕਰਦਾ),
18886	411	ਹਰਿ ਨਾਮੁ ਜਿਨ੍ਹਿ ਲਏ॥੧॥		Har Naam Jinih Leae ||1||	To one who takes the Lord's Name. ||1||	(ਫਿਰ) ਤੂੰ ਕਿਉਂ (ਮਾਇਆ ਦਾ ਮੋਹ ਛੱਡ ਕੇ) ਪਰਮਾਤਮਾ ਦਾ ਨਾਮ ਨਹੀਂ ਯਾਦ ਕਰਦਾ? ॥੧॥

18887	411	ਹਰਿ ਤਜਿ ਅਨ ਲਗੇ ਹਾਂ॥	ਲੱਗੇ	Har Thaj An Lagae Haan ||	Forsaking the Lord, and clinging to another,	ਜੇਹੜੇ ਮਨੁੱਖ ਪਰਮਾਤਮਾ ਨੂੰ ਭੁਲਾ ਕੇ ਹੋਰ ਹੋਰ ਪਦਾਰਥਾਂ ਦੇ ਮੋਹ ਵਿਚ ਫਸੇ ਰਹਿੰਦੇ ਹਨ,
18888	411	ਜਨਮਹਿ ਮਰਿ ਭਗੇ ਹਾਂ॥	(ਭੱਗੇ) ਦੌੜਦੇ	Janamehi Mar Bhagae Haan ||	They run toward death and reincarnation.	ਉਹ ਜਨਮ ਮਰਨ ਦੇ ਗੇੜ ਵਿਚ ਭਟਕਦੇ ਫਿਰਦੇ ਹਨ।
18889	411	ਹਰਿ ਹਰਿ ਜਨਿ ਲਹੇ ਹਾਂ॥	(ਲਹੇ) ਪ੍ਰਾਪਤ ਕੀਤੇ	Har Har Jan Lehae Haan ||	But those humble beings, who attach themselves to the Lord, Har, Har,	ਜਿਸ ਜਿਸ ਮਨੁੱਖ ਨੇ ਪਰਮਾਤਮਾ ਨੂੰ ਲੱਭ ਲਿਆ,
18890	411	ਜੀਵਤ ਸੇ ਰਹੇ ਹਾਂ॥		Jeevath Sae Rehae Haan ||	Continue to live.	ਉਹ ਆਤਮਕ ਜੀਵਨ ਦੇ ਮਾਲਕ ਬਣ ਗਏ।
18891	411	ਜਿਸਹਿ ਕ੍ਰਿਪਾਲੁ ਹੋਇ ਹਾਂ॥		Jisehi Kirapaal Hoe Haan ||	One who is blessed with the Lord's Mercy,	ਜਿਸ ਮਨੁੱਖ ਉਤੇ ਪ੍ਰਭੂ ਦਇਆਵਾਨ ਹੁੰਦਾ ਹੈ,
18892	411	ਨਾਨਕ ਭਗਤੁ ਸੋਇ॥੨॥੭॥੧੬੩॥੨੩੨॥		Naanak Bhagath Soe ||2||7||163||232||	O Nanak, becomes His devotee. ||2||7||163||232||	ਹੇ ਨਾਨਕ! ਉਹ ਉਸ ਦਾ ਭਗਤ ਬਣਦਾ ਹੈ ॥੨॥੭॥੧੬੩॥੨੩੨॥
18893	411	ੴ ਸਤਿਗੁਰ ਪ੍ਰਸਾਦਿ॥	ਨਾਵਾਂ	Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
18894	411	ਰਾਗੁ ਆਸਾ ਮਹਲਾ ੯॥		Raag Aasaa Mehalaa 9 ||	Raag Aasaa, Ninth Mehl:	ਰਾਗ ਆਸਾ ਵਿੱਚ ਗੁਰੂ ਤੇਗਬਹਾਦਰ ਜੀ ਦੀ ਬਾਣੀ।

18895	411	ਬਿਰਥਾ ਕਹਉ ਕਉਨ ਸਿਉ ਮਨ ਕੀ॥	(ਬਿਰਥਾ) ਪੀੜਾ	Birathhaa Keho Koun Sio Man Kee ||	Who should I tell the condition of the mind?	ਮੈਂ ਇਸ (ਮਨੁੱਖੀ) ਮਨ ਦੀ ਭੈੜੀ ਹਾਲਤ ਕਿਸ ਨੂੰ ਦੱਸਾਂ (ਹਰੇਕ ਮਨੁੱਖ ਦਾ ਇਹੀ ਹਾਲ ਹੈ),
18896	411	ਲੋਭਿ ਗ੍ਰਸਿਓ ਦਸ ਹੂ ਦਿਸ ਧਾਵਤ ਆਸਾ ਲਾਗਿਓ ਧਨ ਕੀ॥੧॥ਰਹਾਉ॥	(ਗ੍ਰਸਿਓ) ਫਸਿਆ	Lobh Grasiou Dhas Hoo Dhis Dhhaavath Aasaa Laagiou Dhhan Kee ||1|| Rehaao ||	Engrossed in greed, running around in the ten directions, you hold to your hopes of wealth. ||1||Pause||	ਲੋਭ ਵਿਚ ਫਸਿਆ ਹੋਇਆ ਇਹ ਮਨ ਦਸੀਂ ਪਾਸੀਂ ਦੌੜਦਾ ਰਹਿੰਦਾ ਹੈ, ਇਸ ਨੂੰ ਧਨ ਜੋੜਨ ਦੀ ਤ੍ਰਿਸ਼ਨਾ ਚੰਬੜੀ ਰਹਿੰਦੀ ਹੈ ॥੧॥ ਰਹਾਉ ॥
18897	411	ਸੁਖ ਕੈ ਹੇਤਿ ਬਹੁਤੁ ਦੁਖੁ ਪਾਵਤ ਸੇਵ ਕਰਤ ਜਨ ਜਨ ਕੀ॥		Sukh Kai Haeth Bahuth Dhukh Paavath Saev Karath Jan Jan Kee ||	For the sake of pleasure, you suffer such great pain, and you have to serve each and every person.	ਸੁਖ ਹਾਸਲ ਕਰਨ ਵਾਸਤੇ (ਇਹ ਮਨ) ਧਿਰ ਧਿਰ ਦੀ ਖ਼ੁਸ਼ਾਮਦ ਕਰਦਾ ਫਿਰਦਾ ਹੈ (ਤੇ ਇਸ ਤਰ੍ਹਾਂ ਸੁਖ ਦੇ ਥਾਂ ਸਗੋਂ) ਦੁੱਖ ਸਹਾਰਦਾ ਹੈ।
18898	411	ਦੁਆਰਹਿ ਦੁਆਰਿ ਸੁਆਨ ਜਿਉ ਡੋਲਤ ਨਹ ਸੁਧ ਰਾਮ ਭਜਨ ਕੀ ॥੧॥	ਦੁਆਰ-ਹਿ, ਸੁੱਧ	Dhuaarehi Dhuaar Suaan Jio Ddolath Neh Sudhh Raam Bhajan Kee ||1||	You wander from door to door like a dog, unconscious of the Lord's meditation. ||1||	ਕੁੱਤੇ ਵਾਂਗ ਹਰੇਕ ਦੇ ਦਰ ਤੇ ਭਟਕਦਾ ਫਿਰਦਾ ਹੈ ਇਸ ਨੂੰ ਪਰਮਾਤਮਾ ਦਾ ਭਜਨ ਕਰਨ ਦੀ ਕਦੇ ਸੂਝ ਹੀ ਨਹੀਂ ਪੈਂਦੀ ॥੧॥

18899	411	ਮਾਨਸ ਜਨਮ ਅਕਾਰਥ ਖੋਵਤ ਲਾਜ ਨ ਲੋਕ ਹਸਨ ਕੀ॥	(ਅਕਾਰਥ) ਵਿਅਰਥ। ਹੱਸਨ	Maanas Janam Akaarathh Khovath Laaj N Lok Hasan Kee ||	You lose this human life in vain, and You are not even ashamed when others laugh at you.	(ਲੋਭ ਵਿਚ ਫਸਿਆ ਹੋਇਆ) ਇਹ ਜੀਵ ਆਪਣਾ ਮਨੁੱਖਾ ਜਨਮ ਵਿਅਰਥ ਹੀ ਗਵਾ ਲੈਂਦਾ ਹੈ, (ਇਸ ਦੇ ਲਾਲਚ ਦੇ ਕਾਰਨ) ਲੋਕਾਂ ਵਲੋਂ ਹੋ ਰਹੇ ਹਾਸੇ-ਮਖ਼ੌਲ ਦੀ ਭੀ ਇਸ ਨੂੰ ਸ਼ਰਮ ਨਹੀਂ ਆਉਂਦੀ।
18900	411	ਨਾਨਕ ਹਰਿ ਜਸੁ ਕਿਉ ਨਹੀ ਗਾਵਤ ਕੁਮਤਿ ਬਿਨਾਸੈ ਤਨ ਕੀ॥੨॥੧॥੨੩੩॥	ਕੁ-ਮੱਤਿ	Naanak Har Jas Kio Nehee Gaavath Kumath Binaasai Than Kee ||2||1||233||	O Nanak, why not sing the Lord's Praises, so that you may be rid of the body's evil disposition? ||2||1||233||	ਹੇ ਨਾਨਕ! (ਆਖ-ਹੇ ਜੀਵ!) ਤੂੰ ਪਰਮਾਤਮਾ ਦੀ ਸਿਫ਼ਤ-ਸਾਲਾਹ ਕਿਉਂ ਨਹੀਂ ਕਰਦਾ? (ਸਿਫ਼ਤ-ਸਾਲਾਹ ਦੀ ਬਰਕਤਿ ਨਾਲ ਹੀ) ਤੇਰੀ ਇਹ ਖੋਟੀ ਮਤਿ ਦੂਰ ਹੋ ਸਕੇਗੀ ॥੨॥੧॥੨੩੩॥
18901	411	ਰਾਗੁ ਆਸਾ ਮਹਲਾ ੧ ਅਸਟਪਦੀਆ ਘਰੁ ੨	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Raag Aasaa Mehalaa 1 Asattapadheeaa Ghar 2	Raag Aasaa, First Mehl, Ashtapadees, Second House:	ਰਾਗ ਆਸਾ, ਘਰ ੨ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
18902	411	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

18903	411	ਉਤਰਿ ਅਵਘਟਿ ਸਰਵਰਿ ਨ੍ਹਾਵੈ॥	(ਉਤਰਿ) ਹੇਠਾਂ ਆ ਕੇ। ਕਾਮਾਦਿ ਦੀ (ਅਵਘਟ) ਔਖੀ ਘਾਟੀ ਪਹਾੜੀ। ਸਤਸੰਗ ਰੂਪੀ (ਸਰਵਰਿ) ਸਰੋਵਰ	Outhar Avaghatt Saravar Nhaavai ||	He descends the treacherous precipice, to bathe in the cleansing pool;	(ਭਰਥਰੀ ਜੋਗੀ ਕਿਸੇ ਪਹਾੜ ਦੇ ਟਿੱਲੇ ਤੋਂ ਉਤਰ ਕੇ ਕਿਸੇ ਤੀਰਥ-ਸਰੋਵਰ ਵਿਚ ਇਸ਼ਨਾਨ ਕਰਦਾ ਹੈ, ਤੇ ਇਸ ਨੂੰ ਪੁੰਨ ਕਰਮ ਸਮਝਦਾ ਹੈ) ਜੇਹੜਾ ਮਨੁੱਖ ਅਹੰਕਾਰ ਆਦਿਕ ਦੀ ਔਖੀ ਘਾਟੀ ਤੋਂ ਉਤਰ ਕੇ ਸਤਸੰਗ ਸਰੋਵਰ ਵਿਚ ਆਤਮਕ ਇਸ਼ਨਾਨ ਕਰਦਾ ਹੈ,
18904	411	ਬਕੈ ਨ ਬੋਲੈ ਹਰਿ ਗੁਣ ਗਾਵੈ॥	(ਬਕੈ) ਬਕਬਾਦ	Bakai N Bolai Har Gun Gaavai ||	Without speaking or saying anything, he sings the Glorious Praises of the Lord.	ਅਤੇ ਜੋ ਬਹੁਤਾ ਵਿਅਰਥ ਨਹੀਂ ਬੋਲਦਾ ਤੇ ਪਰਮਾਤਮਾ ਦੇ ਗੁਣ ਗਾਂਦਾ ਹੈ,
18905	411	ਜਲੁ ਆਕਾਸੀ ਸੁੰਨਿ ਸਮਾਵੈ॥		Jal Aakaasee Sunn Samaavai ||	Like water vapor in the sky, he remains absorbed in the Lord.	ਉਹ ਮਨੁੱਖ ਉੱਚੀ ਆਤਮਕ ਅਵਸਥਾ ਵਿਚ ਪਹੁੰਚਦਾ ਹੈ, ਜਿਵੇਂ (ਸਮੁੰਦਰ ਦਾ) ਜਲ (ਸੂਰਜ ਦੀ ਮਦਦ ਨਾਲ ਉੱਚਾ ਉਠ ਕੇ) ਆਕਾਸ਼ਾਂ ਵਿਚ (ਉਡਾਰੀਆਂ ਲਾਂਦਾ) ਹੈ,
18906	411	ਰਸੁ ਸਤੁ ਝੋਲਿ ਮਹਾ ਰਸੁ ਪਾਵੈ॥੧॥	(ਝੋਲਿ) ਰਿੜਕ ਕੇ	Ras Sath Jhol Mehaa Ras Paavai ||1||	He churns the true pleasures to obtain the supreme nectar. ||1||	ਉਹ ਮਨੁੱਖ ਸ਼ਾਂਤੀ ਰਸ ਨੂੰ ਹਲਾ ਕੇ (ਮਾਣ ਕੇ) ਨਾਮ ਮਹਾ ਰਸ ਪੀਂਦਾ ਹੈ ॥੧॥
18907	411	ਐਸਾ ਗਿਆਨੁ ਸੁਨਹੁ ਅਭ ਮੋਰੇ॥	(ਅਭ) ਮਨ, ਹਿਰਦਾ	Aisaa Giaan Sunahu Abh Morae ||	Listen to such spiritual wisdom, O my mind.	ਹੇ ਮੇਰੇ ਮਨ! ਪਰਮਾਤਮਾ ਨਾਲ ਡੂੰਘੀ ਸਾਂਝ ਪਾਣ ਦੀ ਇਹ ਗੱਲ ਸੁਣ,

18908	411	ਭਰਿਪੁਰਿ ਧਾਰਿ ਰਹਿਆ ਸਭ ਠਉਰੇ॥੧॥ ਰਹਾਉ॥	(ਭਰਿਪੁਰਿ) ਭਰਪੂਰ। (ਧਾਰਿ) ਆਸਰਾ। (ਠਉਰੇ) ਥਾਂ	Bharipur Dhhaar Rehiaa Sabh Thourae ||1|| Rehaao ||	The Lord is totally pervading and permeating all places. ||1||Pause||	(ਕਿ) ਪਰਮਾਤਮਾ ਹਰ ਥਾਂ ਭਰਪੂਰ ਹੈ, ਤੇ ਹਰ ਥਾਂ ਸਹਾਰਾ ਦੇ ਰਿਹਾ ਹੈ ॥੧॥ ਰਹਾਉ ॥
18909	411	ਸਚੁ ਬ੍ਰਤੁ ਨੇਮੁ ਨ ਕਾਲੁ ਸੰਤਾਵੈ॥		Sach Brath Naem N Kaal Santhaavai ||	One who makes Truthfulness his fast and religious vows, does not suffer the pain of death.	(ਹੇ ਜੋਗੀ!) ਜਿਸ ਮਨੁੱਖ ਨੇ ਸਦਾ-ਥਿਰ ਪ੍ਰਭੂ (ਦੇ ਨਾਮ) ਨੂੰ ਆਪਣਾ ਨਿੱਤ ਦਾ ਪ੍ਰਣ ਬਣਾ ਲਿਆ ਹੈ, ਨਿੱਤ ਦੀ ਕਾਰ ਬਣਾ ਲਿਆ ਹੈ,
18910	411	ਸਤਿਗੁਰ ਸਬਦਿ ਕਰੋਧੁ ਜਲਾਵੈ॥		Sathigur Sabadh Karodhh Jalaavai ||	Through the Word of the Guru's Shabad, he burns away his anger.	ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ (ਆਪਣੇ ਅੰਦਰੋਂ) ਕ੍ਰੋਧ ਸਾੜ ਲੈਂਦਾ ਹੈ,
18911	411	ਗਗਨਿ ਨਿਵਾਸਿ ਸਮਾਧਿ ਲਗਾਵੈ॥		Gagan Nivaas Samaadhh Lagaavai ||	He dwells in the Tenth Gate, immersed in the Samaadhi of deep meditation.	ਉਹ ਉੱਚੇ ਆਤਮਕ ਮੰਡਲ ਵਿਚ ਨਿਵਾਸ ਦੀ ਰਾਹੀਂ ਉਹ ਪ੍ਰਭੂ-ਚਰਨਾਂ ਵਿਚ ਜੁੜਿਆ ਰਹਿੰਦਾ ਹੈ (ਸਮਾਧੀ ਲਾਈ ਰੱਖਦਾ ਹੈ)।
18912	411	ਪਾਰਸੁ ਪਰਸਿ ਪਰਮਪਦੁ ਪਾਵੈ॥੨॥		Paaras Paras Param Padh Paavai ||2||	Touching the philosopher's stone, he obtains the supreme status. ||2||	(ਹੇ ਜੋਗੀ! ਗੁਰੂ-) ਪਾਰਸ (ਦੇ ਚਰਨਾਂ) ਨੂੰ ਛੂਹ ਕੇ ਉਹ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ ॥੨॥

18913	411	ਸਚੁ ਮਨ ਕਾਰਣਿ ਤਤੁ ਬਿਲੋਵੈ॥	(ਬਿਲੋਵੈ) ਰਿੜਕੇ ਭਾਵ ਵਿਚਾਰੇ	Sach Man Kaaran Thath Bilovai ||	For the benefit of the mind, churn the true essence of reality;	(ਹੇ ਜੋਗੀ!) ਜੇਹੜਾ ਮਨੁੱਖ ਆਪਣੇ ਮਨ ਨੂੰ ਵੱਸ ਕਰਨ ਵਾਸਤੇ ਸਦਾ-ਥਿਰ ਪ੍ਰਭੂ ਨੂੰ (ਚੇਤੇ ਰੱਖਦਾ ਹੈ) ਮੁੜ ਮੁੜ ਯਾਦ ਕਰਦਾ ਹੈ (ਜਿਵੇਂ ਦੁੱਧ ਰਿੜਕੀਦਾ ਹੈ),
18914	411	ਸੁਭਰ ਸਰਵਰਿ ਮੈਲੁਨ ਧੋਵੈ॥	(ਮੈਲੁਨ) ਮੈਲ਼ਾਂ। ਸੁੱਭਰ	Subhar Saravar Mail N Dhhovai ||	Bathing in the over-flowing tank of nectar, filth is washed away.	ਅਤੇ ਜੋ (ਨਾਮ-ਅੰਮ੍ਰਿਤ ਨਾਲ) ਨਕਾਨਕ ਭਰੇ ਹੋਏ ਸਰੋਵਰ ਵਿਚ (ਜਿਥੇ ਕੋਈ ਵਿਕਾਰ ਆਦਿਕਾਂ ਦੀ) ਮੈਲ ਨਹੀਂ ਹੈ ਆਪਣੇ ਆਪ ਨੂੰ ਧੋਂਦਾ ਹੈ,
18915	411	ਜੈ ਸਿਉ ਰਾਤਾ ਤੈਸੋ ਹੋਵੈ॥		Jai Sio Raathaa Thaiso Hovai ||	We become like the One with whom we are imbued.	ਉਹ ਮਨੁੱਖ ਉਹੋ ਜਿਹਾ ਹੀ ਬਣ ਜਾਂਦਾ ਹੈ ਜਿਹੋ ਜਿਹੇ ਪ੍ਰਭੂ ਨਾਲ ਉਹ ਪਿਆਰ ਪਾਂਦਾ ਹੈ।
18916	411	ਆਪੇ ਕਰਤਾ ਕਰੇ ਸੁ ਹੋਵੈ॥੩॥		Aapae Karathaa Karae S Hovai ||3||	Whatever the Creator does, comes to pass. ||3||	(ਉਸ ਨੂੰ ਫਿਰ ਇਹ ਸੂਝ ਆ ਜਾਂਦੀ ਹੈ ਕਿ) ਜਗਤ ਵਿਚ ਉਹੀ ਕੁਝ ਹੁੰਦਾ ਹੈ ਜੋ ਕਰਤਾਰ ਆਪ ਹੀ ਕਰ ਰਿਹਾ ਹੈ ॥੩॥
18917	411	ਗੁਰ ਹਿਵ ਸੀਤਲੁ ਅਗਨਿ ਬੁਝਾਵੈ॥	(ਹਿਵ) ਬਰਫ਼	Gur Hiv Seethal Agan Bujhaavai ||	The Guru is cool and soothing like ice; He puts out the fire of the mind.	(ਹੇ ਜੋਗੀ!) ਜੋ ਮਨੁੱਖ ਬਰਫ਼ ਵਰਗੇ ਠੰਡੇ ਠਾਰ ਜਿਗਰੇ ਵਾਲੇ ਗੁਰੂ ਨੂੰ ਮਿਲ ਕੇ ਆਪਣੇ ਅੰਦਰੋਂ ਤ੍ਰਿਸ਼ਨਾ ਦੀ ਅੱਗ ਬੁਝਾਂਦਾ ਹੈ,
18918	411	ਸੇਵਾ ਸੁਰਤਿ ਬਿਭੂਤ ਚੜਾਵੈ॥	(ਬਿਭੂਤ) ਸੁਆਹ	Saevaa Surath Bibhooth Charraavai ||	Smear your body with the ashes of dedicated service,	ਅਤੇ ਗੁਰੂ ਦੀ ਦੱਸੀ ਹੋਈ ਸੇਵਾ ਵਿਚ ਆਪਣੀ ਸੁਰਤਿ ਰੱਖਦਾ ਹੈ, ਤੇ, ਮਾਨੋ, ਐਸੀ ਸੁਆਹ ਪਿੰਡੇ ਤੇ ਮਲਦਾ ਹੈ,

18919	411	ਦਰਸਨੁ ਆਪਿ ਸਹਜ ਘਰਿ ਆਵੈ॥	(ਦਰਸਨੁ) ਭੇਖ	Dharasan Aap Sehaj Ghar Aavai ||	And live in the home of peace - make this your religious order.	ਉਹ ਸਦਾ ਅਡੋਲ ਆਤਮਕ ਅਵਸਥਾ ਵਿਚ ਟਿਕਿਆ ਰਹਿੰਦਾ ਹੈ, ਸਮਝੋ ਉਸ ਨੇ (ਅਸਲ) ਭੇਖ ਧਾਰਨ ਕਰ ਲਿਆ ਹੈ।
18920	411	ਨਿਰਮਲ ਬਾਣੀ ਨਾਦੁ ਵਜਾਵੈ॥੪॥		Niramal Baanee Naadh Vajaavai ||4||	Let the Immaculate Bani of the Word be your playing of the flute. ||4||	ਐਸਾ ਮਨੁੱਖ ਪ੍ਰਭੂ ਦੀ ਸਿਫ਼ਤ-ਸਾਲਾਹ ਨਾਲ ਭਰਪੂਰ ਗੁਰੂ ਦੀ ਪਵਿਤ੍ਰ ਬਾਣੀ ਦਾ ਇਹ ਵਾਜਾ ਵਜਾਂਦਾ ਰਹਿੰਦਾ ਹੈ ॥੪॥
18921	411	ਅੰਤਰਿ ਗਿਆਨੁ ਮਹਾ ਰਸੁ ਸਾਰਾ॥	(ਸਾਰਾ) ਗ੍ਰਹਣ ਕਰਨਾ	Anthar Giaan Mehaa Ras Saaraa ||	Spiritual wisdom within is the supreme, sublime nectar.	(ਹੇ ਜੋਗੀ!) ਜਿਸ ਮਨੁੱਖ ਨੇ ਆਪਣੇ ਅੰਦਰ ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ ਹੈ, ਜੋ ਸਦਾ ਸ੍ਰੇਸ਼ਟ ਨਾਮ ਮਹਾ ਰਸ ਪੀ ਰਿਹਾ ਹੈ,
18922	411	ਤੀਰਥ ਮਜਨੁ ਗੁਰ ਵੀਚਾਰਾ॥	ਮੱਜਨੁ	Theerathh Majan Gur Veechaaraa ||	Contemplation of the Guru is one's bathing at holy places of pilgrimage.	ਜਿਸ ਨੇ ਸਤਿਗੁਰੂ ਦੀ ਬਾਣੀ ਦੀ ਵਿਚਾਰ ਨੂੰ (ਅਠਾਹਠ) ਤੀਰਥਾਂ ਦਾ ਇਸ਼ਨਾਨ ਬਣਾ ਲਿਆ ਹੈ,
18923	411	ਅੰਤਰਿ ਪੂਜਾ ਥਾਨੁ ਮੁਰਾਰਾ॥		Anthar Poojaa Thhaan Muraaraa ||	Worship and adoration within is the Lord's dwelling.	ਜਿਸ ਨੇ ਆਪਣੇ ਹਿਰਦੇ ਨੂੰ ਪਰਮਾਤਮਾ ਦੇ ਰਹਿਣ ਲਈ ਮੰਦਰ ਬਣਾਇਆ ਹੈ, ਤੇ ਅੰਤਰ ਆਤਮੇ ਉਸ ਦੀ ਪੂਜਾ ਕਰਦਾ ਹੈ,
18924	411	ਜੋਤੀ ਜੋਤਿ ਮਿਲਾਵਣਹਾਰਾ॥੫॥		Jothee Joth Milaavanehaaraa ||5||	He is the One who blends one's light with the Divine Light. ||5||	ਉਹ ਆਪਣੀ ਜੋਤਿ ਨੂੰ ਪਰਮਾਤਮਾ ਦੀ ਜੋਤਿ ਵਿੱਚ ਮਿਲਾ ਲੈਂਦਾ ਹੈ ॥੫॥

18925	411	ਰਸਿ ਰਸਿਆ ਮਤਿ ਏਕੈ ਭਾਇ॥	(ਭਾਇ) ਪ੍ਰੇਮ। ਮੱਤਿ	Ras Rasiaa Math Eaekai Bhaae ||	He delights in the delightful wisdom of loving the One Lord.	(ਹੇ ਜੋਗੀ!) ਜਿਸ ਮਨੁੱਖ ਦਾ ਮਨ ਨਾਮ-ਰਸ ਵਿਚ ਭਿੱਜ ਜਾਂਦਾ ਹੈ;
18926	411	ਤਖਤ ਨਿਵਾਸੀ ਪੰਚ ਸਮਾਇ॥	ਪੰਚ ਕਾਮਾਦਿ (ਸਮਾਇ) ਨਾਸ ਹੋਏ	Thakhath Nivaasee Panch Samaae ||	He is one of the self-elect - he merges with the Lord, who occupies the throne.	ਜਿਸ ਦੀ ਮਤਿ ਇੱਕ ਪ੍ਰਭੂ ਦੇ ਪ੍ਰੇਮ ਵਿਚ ਭਿੱਜ ਜਾਂਦੀ ਹੈ, ਉਹ ਕਾਮਾਦਿਕ ਪੰਜਾਂ ਨੂੰ ਮੁਕਾ ਕੇ ਅੰਤਰ ਆਤਮੇ ਅਡੋਲ ਹੋ ਜਾਂਦਾ ਹੈ,
18927	411	ਕਾਰ ਕਮਾਈ ਖਸਮ ਰਜਾਇ॥		Kaar Kamaaee Khasam Rajaae ||	He performs his works in obedience to the Will of his Lord and Master.	ਖਸਮ-ਪ੍ਰਭੂ ਦੀ ਰਜ਼ਾ ਵਿਚ ਤੁਰਨਾ ਉਸ ਦੀ ਨਿੱਤ ਦੀ ਕਾਰ ਨਿੱਤ ਦੀ ਕਮਾਈ ਹੋ ਜਾਂਦੀ ਹੈ,
18928	411	ਅਵਿਗਤ ਨਾਥੁ ਨ ਲਖਿਆ ਜਾਇ॥੬॥		Avigath Naathh N Lakhiaa Jaae ||6||	The Unknowable Lord cannot be understood. ||6||	ਉਹ ਮਨੁੱਖ ਉਸ 'ਨਾਥ' ਦਾ ਰੂਪ ਹੋ ਜਾਂਦਾ ਹੈ ਜੋ ਅਦ੍ਰਿਸ਼ਟ ਹੈ ਤੇ ਜਿਸ ਦਾ ਸਰੂਪ ਦੱਸਿਆ ਨਹੀਂ ਜਾ ਸਕਦਾ ॥੬॥
18929	411	ਜਲ ਮਹਿ ਉਪਜੈ ਜਲ ਤੇ ਦੂਰਿ॥		Jal Mehi Oupajai Jal Thae Dhoor ||	The lotus originates in the water, and yet it remains distinct from the water.	(ਹੇ ਜੋਗੀ! ਸੂਰਜ ਜਾਂ ਚੰਦ੍ਰਮਾ ਸਰੋਵਰ ਆਦਿਕ ਦੇ) ਪਾਣੀ ਵਿਚ ਚਮਕਦਾ ਹੈ, ਪਰ ਉਸ ਪਾਣੀ ਤੋਂ ਉਹ ਬਹੁਤ ਹੀ ਦੂਰ ਹੈ,
18930	411	ਜਲ ਮਹਿ ਜੋਤਿ ਰਹਿਆ ਭਰਪੂਰਿ॥		Jal Mehi Joth Rehiaa Bharapoor ||	Just so, the Divine Light pervades and permeates the water of the world.	ਤੇ ਪਾਣੀ ਵਿਚ ਉਸ ਦੀ ਜੋਤਿ ਲਿਸ਼ਕਾਂ ਮਾਰਦੀ ਹੈ, ਇਸੇ ਤਰ੍ਹਾਂ ਪਰਮਾਤਮਾ ਦੀ ਜੋਤਿ ਸਭ ਜੀਵਾਂ ਵਿਚ ਹਰ ਥਾਂ ਵਿਆਪਕ ਹੈ,

18931	411	ਕਿਸੁ ਨੇੜੈ ਕਿਸੁ ਆਖਾ ਦੂਰਿ॥		Kis Naerrai Kis Aakhaa Dhoor ||	Who is near, and who is far away?	(ਪਰ ਉਹ ਪਰਮਾਤਮਾ ਨਿਰਲੇਪ ਭੀ ਹੈ, ਸਭ ਦੇ ਨੇੜੇ ਭੀ ਹੈ ਤੇ ਦੂਰ ਭੀ ਹੈ) ਮੈਂ ਇਹ ਨਹੀਂ ਦੱਸ ਸਕਦਾ ਕਿ ਉਹ ਕਿਸ ਦੇ ਨੇੜੇ ਹੈ ਤੇ ਕਿਸ ਤੋਂ ਦੂਰ ਹੈ।
18932	411	ਨਿਧਿ ਗੁਣ ਗਾਵਾ ਦੇਖਿ ਹਦੂਰਿ॥੭॥		Nidhh Gun Gaavaa Dhaekh Hadhoor ||7||	I sing the Glories of the Lord, the treasure of virtue; I behold Him ever-present. ||7||	ਉਸ ਨੂੰ ਹਰ ਥਾਂ ਹਾਜ਼ਰ ਵੇਖ ਕੇ ਮੈਂ ਉਸ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੇ ਗੁਣ ਗਾਂਦਾ ਹਾਂ ॥੭॥
18933	411	ਅੰਤਰਿ ਬਾਹਰਿ ਅਵਰੁ ਨ ਕੋਇ॥		Anthar Baahar Avar N Koe ||	Inwardly and outwardly, there is none other than Him.	ਹਰ ਥਾਂ ਜੀਵਾਂ ਦੇ ਅੰਦਰ ਤੇ ਬਾਹਰ ਸਾਰੀ ਸ੍ਰਿਸ਼ਟੀ ਵਿਚ ਪਰਮਾਤਮਾ ਤੋਂ ਬਿਨਾ ਹੋਰ ਕੋਈ ਨਹੀਂ ਹੈ,
18934	412	ਜੋ ਤਿਸੁ ਭਾਵੈ ਸੋ ਫੁਨਿ ਹੋਇ॥	(ਫੁਨਿ) ਫਿਰ	Jo This Bhaavai So Fun Hoe ||	Whatever pleases Him, comes to pass.	ਜਗਤ ਵਿਚ ਉਹੀ ਕੁਝ ਹੋ ਰਿਹਾ ਹੈ ਜੋ ਉਸ ਨੂੰ ਚੰਗਾ ਲੱਗਦਾ ਹੈ।
18935	412	ਸੁਣਿ ਭਰਥਰਿ ਨਾਨਕੁ ਕਹੈ ਬੀਚਾਰੁ॥	(ਭਰਥਰਿ) ਭਰਥਰੀ ਜੋਗੀ	Sun Bharathhar Naanak Kehai Beechaar ||	Listen, O Bharthari Yogi - Nanak speaks after deliberation;	ਹੇ ਭਰਥਰੀ ਜੋਗੀ! ਸੁਣ, ਨਾਨਕ ਤੈਨੂੰ ਇਹ ਵਿਚਾਰ ਦੀ ਗੱਲ ਦੱਸਦਾ ਹੈ,
18936	412	ਨਿਰਮਲ ਨਾਮੁ ਮੇਰਾ ਆਧਾਰੁ॥੮॥੧॥		Niramal Naam Maeraa Aadhhaar ||8||1||	The Immaculate Name is my only Support. ||8||1||	ਉਸ (ਸਰਬ-ਵਿਆਪਕ) ਪਰਮਾਤਮਾ ਦਾ ਪਵਿਤ੍ਰ ਨਾਮ ਮੇਰੀ ਜ਼ਿੰਦਗੀ ਦਾ ਆਸਰਾ ਹੈ ॥੮॥੧॥
18937	412	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	ਰਾਗ ਆਸਾ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।

18938	412	ਸਭਿ ਜਪ ਸਭਿ ਤਪ ਸਭ ਚਤੁਰਾਈ॥		Sabh Jap Sabh Thap Sabh Chathuraaee ||	All meditation, all austerities, and all clever tricks,	ਜੇਹੜਾ ਮਨੁੱਖ ਸਾਰੇ ਜਪ ਕਰਦਾ ਹੈ ਸਾਰੇ ਤਪ ਸਾਧਦਾ ਹੈ (ਸ਼ਾਸਤ੍ਰ ਆਦਿਕ ਸਮਝਣ ਬਾਰੇ) ਹਰੇਕ ਕਿਸਮ ਦੀ ਸਿਆਣਪ-ਅਕਲ ਭੀ ਵਿਖਾਂਦਾ ਹੈ,
18939	412	ਊਝੜਿ ਭਰਮੈ ਰਾਹਿ ਨ ਪਾਈ॥	(ਊਝੜਿ) ਉਜਾੜ	Oojharr Bharamai Raahi N Paaee ||	Lead one to wander in the wilderness, but he does not find the Path.	ਪਰ ਜੇ ਉਹ (ਪਰਮਾਤਮਾ ਦਾ ਦਾਸ ਬਣਨ ਦੀ ਜੁਗਤਿ) ਨਹੀਂ ਸਮਝਦਾ, ਤਾਂ ਉਸ ਦਾ (ਜਪ ਤਪ ਆਦਿਕ ਦਾ) ਕੋਈ ਭੀ ਉੱਦਮ (ਪ੍ਰਭੂ ਦੀ ਹਜ਼ੂਰੀ ਵਿਚ) ਪਰਵਾਨ ਨਹੀਂ ਹੁੰਦਾ।
18940	412	ਬਿਨੁ ਬੂਝੇ ਕੋ ਥਾਇ ਨ ਪਾਈ॥		Bin Boojhae Ko Thhaae N Paaee ||	Without understanding, he is not approved;	ਉਹ ਗ਼ਲਤ ਰਸਤੇ ਤੇ ਭਟਕ ਰਿਹਾ ਹੈ, ਉਹ ਸਹੀ ਰਸਤੇ ਉੱਤੇ ਨਹੀਂ ਜਾ ਰਿਹਾ।
18941	412	ਨਾਮ ਬਿਹੂਣੈ ਮਾਥੇ ਛਾਈ॥੧॥	(ਮਾਥੇ) ਸਿਰ ਤੇ (ਛਾਈ) ਸੁਆਹ ਪੈਂਦੀ	Naam Bihoonai Maathhae Shhaaee ||1||	Without the Naam, the Name of the Lord, ashes are thrown upon one's head. ||1||	ਪਰਮਾਤਮਾ ਦੇ ਨਾਮ ਤੋਂ ਸੱਖਣੇ ਮਨੁੱਖ ਦੇ ਸਿਰ ਸੁਆਹ ਹੀ ਪੈਂਦੀ ਹੈ ॥੧॥
18942	412	ਸਾਚ ਧਣੀ ਜਗੁ ਆਇ ਬਿਨਾਸਾ॥	(ਆਇ ਬਿਨਾਸਾ) ਜੰਮਦਾ ਮਰਦਾ	Saach Dhhanee Jag Aae Binaasaa ||	True is the Master; the world comes and goes.	ਜਗਤ ਜੰਮਦਾ ਮਰਦਾ ਰਹਿੰਦਾ ਹੈ, (ਪਰ) ਜਗਤ ਦਾ ਮਾਲਕ ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ।
18943	412	ਛੂਟਸਿ ਪ੍ਰਾਣੀ ਗੁਰਮੁਖਿ ਦਾਸਾ॥੧॥ਰਹਾਉ॥		Shhoottas Praanee Guramukh Dhaasaa ||1|| Rehaao ||	The mortal is emancipated, as Gurmukh, as the Lord's slave. ||1||Pause||	ਜੇਹੜਾ ਪ੍ਰਾਣੀ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਦਾਸ (ਭਗਤ) ਬਣ ਜਾਂਦਾ ਹੈ ਉਹ (ਜਨਮ ਮਰਨ ਦੇ ਗੇੜ ਤੋਂ) ਬਚ ਜਾਂਦਾ ਹੈ ॥੧॥ ਰਹਾਉ ॥

18944	412	ਜਗੁ ਮੋਹਿ ਬਾਧਾ ਬਹੁਤੀ ਆਸਾ॥		Jag Mohi Baadhhaa Bahuthee Aasaa ||	The world is bound by its attachments to the many desires.	ਜਗਤ ਮਾਇਆ ਦੇ ਮੋਹ ਵਿਚ ਬੱਝਾ ਹੋਇਆ ਬਹੁਤੀਆਂ ਆਸਾਂ ਵਿਚ ਬੱਝਾ ਹੋਇਆ (ਜੰਮਦਾ ਮਰਦਾ ਰਹਿੰਦਾ) ਹੈ।
18945	412	ਗੁਰਮਤੀ ਇਕਿ ਭਏ ਉਦਾਸਾ॥		Guramathee Eik Bheae Oudhaasaa ||	Through the Guru's Teachings, some become free of desire.	ਪਰ ਕਈ (ਵਡ-ਭਾਗੀ ਮਨੁੱਖ) ਗੁਰੂ ਦੀ ਸਿੱਖਿਆ ਤੇ ਤੁਰ ਕੇ ਮੋਹ ਤੋਂ ਨਿਰਲੇਪ ਰਹਿੰਦੇ ਹਨ,
18946	412	ਅੰਤਰਿ ਨਾਮੁ ਕਮਲੁ ਪਰਗਾਸਾ॥		Anthar Naam Kamal Paragaasaa ||	Within them is the Naam, and their heart lotus blossoms forth.	ਉਹਨਾਂ ਦੇ ਅੰਦਰ ਪਰਮਾਤਮਾ ਦਾ ਨਾਮ ਵੱਸਦਾ ਹੈ (ਜਿਸ ਦੀ ਬਰਕਤਿ ਨਾਲ ਉਹਨਾਂ ਦਾ ਹਿਰਦਾ-) ਕਮਲ ਖਿੜਿਆ ਰਹਿੰਦਾ ਹੈ।
18947	412	ਤਿਨ੍ ਕਉ ਨਾਹੀ ਜਮ ਕੀ ਤ੍ਰਾਸਾ॥੨॥	(ਤ੍ਰਾਸਾ) ਡਰ	Thinh Ko Naahee Jam Kee Thraasaa ||2||	They have no fear of death. ||2||	ਅਜੇਹੇ ਬੰਦਿਆਂ ਨੂੰ ਜਨਮ ਮਰਨ ਦੇ ਗੇੜ ਦਾ ਡਰ ਨਹੀਂ ਰਹਿੰਦਾ ॥੨॥
18948	412	ਜਗੁ ਤ੍ਰਿਅ ਜਿਤੁ ਕਾਮਣਿ ਹਿਤਕਾਰੀ॥	ਜੱਗੁ(ਕੱਾਮਣਿ) ਇਸਤ੍ਰੀ ਦਾ (ਜਿੱਤੁ) ਜਿੱਤਿਆ, (ਕਾਮਣਿ) ਇਸਤ੍ਰੀ ਦੇ (ਹਿਤਕਾਰੀ) ਮੋਹ ਚ ਫਸਿਆ ਹੈ	Jag Thria Jith Kaaman Hithakaaree ||	The men of the world are conquered by woman; they love the ladies.	(ਗੁਰੂ ਦੀ ਸਰਨ ਤੋਂ ਖੁੰਝ ਕੇ) ਜਗਤ ਕਾਮਾਤੁਰ ਹੋ ਰਿਹਾ ਹੈ, ਇਸਤ੍ਰੀ ਦੇ ਮੋਹ ਵਿਚ ਫਸਿਆ ਹੋਇਆ ਹੈ;
18949	412	ਪੁਤ੍ਰ ਕਲਤ੍ਰ ਲਗਿ ਨਾਮੁ ਵਿਸਾਰੀ॥	(ਕ-ਲੱਤ੍ਰ) ਇਸਤ੍ਰੀ। (ਵਿਸਾਰੀ) ਭੁਲਾਇਆ	Puthr Kalathr Lag Naam Visaaree ||	Attached to children and wife, they forget the Naam.	ਪੁੱਤਰ ਵਹੁਟੀ ਦੇ ਮੋਹ ਵਿਚ ਪੈ ਕੇ ਪਰਮਾਤਮਾ ਦੇ ਨਾਮ ਨੂੰ ਭੁਲਾ ਰਿਹਾ ਹੈ।

18950	412	ਬਿਰਥਾ ਜਨਮੁ ਗਵਾਇਆ ਬਾਜੀ ਹਾਰੀ॥	(ਬਿਰਥਾ) ਵਿਅਰਥ	Birathhaa Janam Gavaaeiaa Baajee Haaree ||	They waste this human life in vain, and lose the game in the gamble.	ਇਸ ਤਰ੍ਹਾਂ ਆਪਣਾ ਜੀਵਨ ਵਿਅਰਥ ਗਵਾਂਦਾ ਹੈ ਤੇ ਮਨੁੱਖਾ ਜਨਮ ਦੀ ਖੇਡ ਹਾਰ ਕੇ ਜਾਂਦਾ ਹੈ।
18951	412	ਸਤਿਗੁਰੁ ਸੇਵੇ ਕਰਣੀ ਸਾਰੀ॥੩॥	(ਸਾਰੀ) ਸ੍ਰੇਸ਼ਟ	Sathigur Saevae Karanee Saaree ||3||	Serving the True Guru is the best occupation. ||3||	ਪਰ ਜੇਹੜਾ ਮਨੁੱਖ ਗੁਰੂ ਦੀ (ਦੱਸੀ) ਸੇਵਾ ਕਰਦਾ ਹੈ ਉਸ ਦਾ ਨਿੱਤ-ਕਰਮ ਸ੍ਰੇਸ਼ਟ ਹੋ ਜਾਂਦਾ ਹੈ ॥੩॥
18952	412	ਬਾਹਰਹੁ ਹਉਮੈ ਕਹੈ ਕਹਾਏ॥		Baaharahu Houmai Kehai Kehaaeae ||	One who speaks egotistically in public,	ਉਹ ਮਨੁੱਖ ਮਾਇਆ ਦੇ ਪ੍ਰਭਾਵ ਵਿੱਚ ਨਹੀਂ ਪੈਂਦਾ, ਉਂਞ ਦੁਨੀਆ ਦੀ ਕਿਰਤ ਕਾਰ ਕਰਦਾ ਉਹ ਵੇਖਣ ਨੂੰ ਆਪਾ ਜਤਾਂਦਾ ਹੈ,
18953	412	ਅੰਦਰਹੁ ਮੁਕਤੁ ਲੇਪੁ ਕਦੇ ਨ ਲਾਏ॥		Andharahu Mukath Laep Kadhae N Laaeae ||	Never attains liberation within.	ਤੇ ਅੰਤਰ ਆਤਮੇ ਮਾਇਆ ਦੇ ਮੋਹ ਤੋਂ ਆਜ਼ਾਦ ਰਹਿੰਦਾ ਹੈ,
18954	412	ਮਾਇਆ ਮੋਹੁ ਗੁਰ ਸਬਦਿ ਜਲਾਏ॥		Maaeiaa Mohu Gur Sabadh Jalaaeae ||	One who burns away his attachment to Maya, by the Word of the Guru's Shabad,	ਜੋ ਗੁਰੂ ਦੇ ਸ਼ਬਦ ਵਿਚ (ਜੁੜ ਕੇ ਆਪਣੇ ਅੰਦਰੋਂ) ਮਾਇਆ ਦਾ ਮੋਹ ਸਾੜ ਦੇਂਦਾ ਹੈ,
18955	412	ਨਿਰਮਲ ਨਾਮੁ ਸਦ ਹਿਰਦੈ ਧਿਆਏ॥੪॥		Niramal Naam Sadh Hiradhai Dhhiaaeae ||4||	Meditates forever within his heart on the Immaculate Naam. ||4||	ਤੇ ਪਰਮਾਤਮਾ ਦੇ ਪਵਿਤ੍ਰ ਨਾਮ ਨੂੰ ਸਦਾ ਆਪਣੇ ਹਿਰਦੇ ਵਿਚ ਯਾਦ ਰੱਖਦਾ ਹੈ ॥੪॥

18956	412	ਧਾਵਤੁ ਰਾਖੈ ਠਾਕਿ ਰਹਾਏ॥	(ਧਾਵਤੁ) ਦੌੜਦਾ ਮਨ। (ਠਾਕਿ) ਰੋਕ ਕੇ (ਰਹਾਇ) ਰੱਖੇ	Dhhaavath Raakhai Thaak Rehaaeae ||	He restrains his wandering mind, and keeps it under control.	ਉਹ ਆਪਣੇ ਭਟਕਦੇ ਮਨ ਦੀ ਰਾਖੀ ਕਰਦਾ ਹੈ (ਮਾਇਆ ਦੇ ਮੋਹ ਵਲੋਂ) ਰੋਕ ਕੇ ਰੱਖਦਾ ਹੈ,
18957	412	ਸਿਖ ਸੰਗਤਿ ਕਰਮਿ ਮਿਲਾਏ॥	(ਕਰਮਿ) ਕ੍ਰਿਪਾ	Sikh Sangath Karam Milaaeae ||	The company of such a Sikh is obtained only by Grace.	(ਗੁਰੂ ਦੇ) ਜਿਸ ਸਿੱਖ ਨੂੰ (ਪਰਮਾਤਮਾ ਆਪਣੀ) ਮੇਹਰ ਨਾਲ, ਸੰਗਤਿ ਵਿਚ ਮਿਲਾਂਦਾ ਹੈ।
18958	412	ਗੁਰ ਬਿਨੁ ਭੂਲੋ ਆਵੈ ਜਾਏ॥		Gur Bin Bhoolo Aavai Jaaeae ||	Without the Guru, he goes astray and continues coming and going.	ਗੁਰੂ ਦੀ ਸਰਨ ਆਉਣ ਤੋਂ ਬਿਨਾ ਮਨੁੱਖ (ਜ਼ਿੰਦਗੀ ਦੇ ਸਹੀ ਰਸਤੇ ਤੋਂ) ਖੁੰਝ ਜਾਂਦਾ ਹੈ, ਤੇ ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ।
18959	412	ਨਦਰਿ ਕਰੇ ਸੰਜੋਗਿ ਮਿਲਾਏ॥੫॥	(ਸੰਜੋਗਿ) ਸੰਗਤ ਚ	Nadhar Karae Sanjog Milaaeae ||5||	Bestowing His Mercy, the Lord unites him in Union. ||5||	ਜਿਸ ਤੇ ਪ੍ਰਭੂ ਮੇਹਰ ਦੀ ਨਿਗਾਹ ਕਰਦਾ ਹੈ, ਉਸ ਨੂੰ ਸੰਗਤਿ ਵਿਚ ਰਲਾ ਕੇ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ॥੫॥
18960	412	ਰੂੜੋ ਕਹਉ ਨ ਕਹਿਆ ਜਾਈ॥	(ਰੂੜੋ) ਸੁੰਦਰ	Roorro Keho N Kehiaa Jaaee ||	I cannot describe the Beauteous Lord.	(ਹੇ ਪ੍ਰਭੂ!) ਤੂੰ ਸੁੰਦਰ ਹੈਂ, ਪਰ ਜੇ ਮੈਂ ਦੱਸਣ ਦਾ ਜਤਨ ਕਰਾਂ ਕਿ ਤੂੰ ਕਿਹੋ ਜਿਹਾ ਸੁੰਦਰ ਹੈਂ ਤਾਂ ਦੱਸਿਆ ਨਹੀਂ ਜਾ ਸਕਦਾ।
18961	412	ਅਕਥ ਕਥਉ ਨਹ ਕੀਮਤਿ ਪਾਈ॥	ਅ-ਕਥ, ਕਥਉ: ਪੋਲੇ ਬੋਲੋ	Akathh Kathho Neh Keemath Paaee ||	I speak the unspoken; I cannot estimate His value.	ਹੇ ਪ੍ਰਭੂ! ਤੇਰੇ ਗੁਣ ਬਿਆਨ ਨਹੀਂ ਹੋ ਸਕਦੇ, ਜੇ ਮੈਂ ਬਿਆਨ ਕਰਨ ਦਾ ਜਤਨ ਕਰਾਂ, ਤਾਂ ਭੀ ਤੇਰੇ ਗੁਣਾਂ ਦਾ ਮੁੱਲ ਨਹੀਂ ਪਾਇਆ ਜਾ ਸਕਦਾ।

18962	412	ਸਭ ਦੁਖ ਤੇਰੇ ਸੂਖ ਰਜਾਈ॥		Sabh Dhukh Thaerae Sookh Rajaaee ||	All pain and pleasure come by Your Will.	(ਤੈਥੋਂ ਵਿਛੁੜਿਆਂ ਦੁੱਖ ਵਾਪਰਦੇ ਹਨ, ਪਰ) ਤੇਰੀ ਰਜ਼ਾ ਵਿਚ ਤੁਰਿਆਂ ਸਾਰੇ ਦੁੱਖ ਸੁਖ ਬਣ ਜਾਂਦੇ ਹਨ।
18963	412	ਸਭਿ ਦੁਖ ਮੇਟੇ ਸਾਚੈ ਨਾਈ॥੬॥		Sabh Dhukh Maettae Saachai Naaee ||6||	All pain is eradicated by the True Name. ||6||	ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਸਿਫ਼ਤ-ਸਾਲਾਹ ਕੀਤਿਆਂ ਸਾਰੇ ਹੀ ਦੁੱਖ ਮਿਟ ਜਾਂਦੇ ਹਨ ॥੬॥
18964	412	ਕਰ ਬਿਨੁ ਵਾਜਾ ਪਗ ਬਿਨੁ ਤਾਲਾ॥	ਪਗ ਤਾਲਾ: ਪੋਲੇ ਬੋਲੋ	Kar Bin Vaajaa Pag Bin Thaalaa ||	He plays the instrument without hands, and dances without feet.	ਮਨੁੱਖ ਦੇ ਅੰਦਰ ਅਜੇਹੀ ਆਤਮਕ ਅਵਸਥਾ ਬਣ ਜਾਂਦੀ ਹੈ ਕਿ, ਮਾਨੋ, ਬਿਨਾ ਹੱਥੀਂ ਵਜਾਏ ਵਾਜਾ ਵੱਜਦਾ ਹੈ ਤੇ ਬਿਨਾ ਪੈਰੀਂ ਨੱਚਿਆਂ ਤਾਲ ਪੂਰੀਦਾ ਹੈ,
18965	412	ਜੇ ਸਬਦੁ ਬੁਝੈ ਤਾ ਸਚੁ ਨਿਹਾਲਾ॥	ਬੁੱਝੈ	Jae Sabadh Bujhai Thaa Sach Nihaalaa ||	But if he understands the Word of the Shabad, then he shall behold the True Lord.	ਜਦੋਂ ਉਹ (ਗੁਰੂ ਦੇ) ਸ਼ਬਦ ਨੂੰ ਸਮਝ ਕੇ ਉਹ ਆਪਣੇ ਅੰਦਰ ਸਦਾ-ਥਿਰ ਪ੍ਰਭੂ ਦਾ ਦੀਦਾਰ ਵੀ ਕਰ ਲਵੇ।
18966	412	ਅੰਤਰਿ ਸਾਚੁ ਸਭੇ ਸੁਖ ਨਾਲਾ॥		Anthar Saach Sabhae Sukh Naalaa ||	With the True Lord within the self, all happiness comes.	ਉਸ ਨੂੰ ਫਿਰ ਆਪਣੇ ਅੰਤਰ ਆਤਮੇ ਸੁਖ ਹੀ ਸੁਖ ਪ੍ਰਤੀਤ ਹੁੰਦੇ ਹਨ,
18967	412	ਨਦਰਿ ਕਰੈ ਰਾਖੈ ਰਖਵਾਲਾ॥੭॥		Nadhar Karae Raakhai Rakhavaalaa ||7||	Showering His Mercy, the Preserving Lord preserves him. ||7||	ਤੇ ਉਸ ਮਨੁੱਖ ਦੇ ਅੰਦਰ ਪ੍ਰਭੂ ਸਦਾ-ਥਿਰ ਪ੍ਰਭੂ ਪਰਗਟ ਹੋ ਜਾਂਦਾ ਹੈ ॥੭॥

18968	412	ਤ੍ਰਿਭਵਣ ਸੂਝੈ ਆਪੁ ਗਵਾਵੈ॥		Thribhavan Soojhai Aap Gavaavai ||	He understands the three worlds; he eliminates his self-conceit.	ਜੇਹੜਾ ਮਨੁੱਖ (ਗੁਰੂ ਦੀ ਸਰਨ ਪੈ ਕੇ ਪ੍ਰਭੂ ਦਾ ਦਾਸ ਬਣ ਕੇ) ਆਪਾ-ਭਾਵ ਦੂਰ ਕਰਦਾ ਹੈ, ਉਸ ਨੂੰ ਪਰਮਾਤਮਾ ਤਿੰਨਾਂ ਭਵਨਾਂ ਵਿਚ ਵੱਸਦਾ ਦਿੱਸ ਪੈਂਦਾ ਹੈ,
18969	412	ਬਾਣੀ ਬੂਝੈ ਸਚਿ ਸਮਾਵੈ॥		Baanee Boojhai Sach Samaavai ||	He understands the Bani of the Word, and he is absorbed into the True Lord.	ਉਸ ਨੂੰ ਗੁਰੂ ਦੀ ਬਾਣੀ ਦੀ ਰਾਹੀਂ ਸਹੀ ਗਿਆਨ ਹੋ ਜਾਂਦਾ ਹੈ ਤੇ ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ।
18970	412	ਸਬਦੁ ਵੀਚਾਰੇ ਏਕ ਲਿਵ ਤਾਰਾ॥		Sabadh Veechaarae Eaek Liv Thaaraa ||	Contemplating the Shabad, he enshrines love for the One Lord.	ਉਹ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਈ ਰੱਖਦਾ ਹੈ, ਇਕ-ਰਸ ਸੁਰਤਿ ਪ੍ਰਭੂ ਵਿਚ ਜੋੜਦਾ ਹੈ।
18971	412	ਨਾਨਕ ਧੰਨੁ ਸਵਾਰਣਹਾਰਾ॥੮॥੨॥		Naanak Dhann Savaaranehaaraa ||8||2||	O Nanak, blessed is the Lord, the Embellisher. ||8||2||	ਹੇ ਨਾਨਕ! ਉਸ ਮਨੁੱਖ ਦਾ ਮਨੁੱਖਾ ਜਨਮ ਮੁਬਾਰਿਕ ਹੈ ਉਹ ਹੋਰਨਾਂ ਦਾ ਜੀਵਨ ਭੀ ਸੋਹਣਾ ਬਣਾ ਦੇਂਦਾ ਹੈ ॥੮॥੨॥
18972	412	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	ਰਾਗ ਆਸਾ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
18973	412	ਲੇਖ ਅਸੰਖ ਲਿਖਿ ਲਿਖਿ ਮਾਨੁ॥		Laekh Asankh Likh Likh Maan ||	There are innumerable writings; those who write them take pride in them.	(ਪਰਮਾਤਮਾ ਦੇ ਸਰੂਪ ਬਾਰੇ) ਅਣਗਿਣਤ (ਵਿਚਾਰ-ਭਰੇ) ਲੇਖ ਲਿਖ ਲਿਖ ਕੇ (ਲਿਖਣ ਵਾਲਿਆਂ ਦੇ ਮਨ ਵਿਚ ਆਪਣੀ ਵਿਦਿਆ ਤੇ ਵਿਚਾਰ-ਸ਼ਕਤੀ ਦਾ) ਮਾਣ ਹੀ (ਪੈਦਾ ਹੁੰਦਾ ਹੈ)।

18974	412	ਮਨਿ ਮਾਨਿਐ ਸਚੁ ਸੁਰਤਿ ਵਖਾਨੁ॥		Man Maaniai Sach Surath Vakhaan ||	When one's mind accepts the Truth, he understands, and speaks of it.	ਬੇਸ਼ੱਕ ਅਣਗਿਣਤ ਲੇਖ ਲਿਖੇ ਜਾਣ, ਪਰਮਾਤਮਾ ਦਾ ਸਰੂਪ ਬਿਆਨ ਤੋਂ, ਲੇਖ ਤੋਂ ਪਰੇ ਹੈ, ਉਸ ਦੇ ਗੁਣਾਂ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ।
18975	412	ਕਥਨੀ ਬਦਨੀ ਪੜਿ ਪੜਿ ਭਾਰੁ॥		Kathhanee Badhanee Parr Parr Bhaar ||	Words, spoken and read again and again, are useless loads.	ਉਸ ਦੇ ਗੁਣ ਕਹਣ ਨਾਲ ਬੋਲਣ ਨਾਲ ਤੇ ਮੁੜ ਮੁੜ ਪੜ੍ਹ ਕੇ ਭੀ (ਮਨ ਉਤੇ ਹਉਮੈ ਦਾ) ਭਾਰ (ਹੀ ਵਧਦਾ) ਹੈ।
18976	412	ਲੇਖ ਅਸੰਖ ਅਲੇਖੁ ਅਪਾਰੁ॥੧॥		Laekh Asankh Alaekh Apaar ||1||	There are innumerable writings, but the Infinite Lord remains unwritten. ||1||	(ਪਰ ਹਾਂ) ਜੇ ਮਨੁੱਖ ਦਾ ਮਨ ਪਰਮਾਤਮਾ ਦੇ ਗੁਣਾਂ ਦੀ ਯਾਦ ਵਿਚ ਗਿੱਝ ਜਾਏ, ਜੇ (ਮਨੁੱਖ ਦੀ) ਸੁਰਤਿ ਵਿਚ ਸਦਾ-ਥਿਰ ਪ੍ਰਭੂ (ਟਿਕ ਜਾਏ) ਤਾਂ ਬੱਸ! ਇਹੀ ਹੈ ਅਸਲ ਲੇਖ (ਜੋ ਉਸ ਨੂੰ ਪਰਵਾਨ ਹੈ) ॥੧॥
18977	412	ਐਸਾ ਸਾਚਾ ਤੂੰ ਏਕੋ ਜਾਣੁ॥		Aisaa Saachaa Thoon Eaeko Jaan ||	Know that such a True Lord is the One and only.	ਇਹੋ ਜਿਹਾ (ਅਲੇਖ) ਤੇ ਸਦਾ ਕਾਇਮ ਰਹਿਣ ਵਾਲਾ ਤੂੰ ਸਿਰਫ਼ ਇਕ ਪ੍ਰਭੂ ਨੂੰ ਹੀ ਜਾਣ (ਬਾਕੀ ਸਾਰਾ ਜਗਤ ਜੰਮਣ ਮਰਨ ਦੇ ਗੇੜ ਵਿਚ ਹੈ, ਤੇ ਇਹ),
18978	412	ਜੰਮਣੁ ਮਰਣਾ ਹੁਕਮੁ ਪਛਾਣੁ॥੧॥ਰਹਾਉ॥		Janman Maranaa Hukam Pashhaan ||1|| Rehaao ||	Understand that birth and death come according to the Lord's Will. ||1||Pause||	ਜੰਮਣਾ ਮਰਨਾ ਭੀ ਤੂੰ ਉਸ ਪਰਮਾਤਮਾ ਦਾ ਹੁਕਮ ਹੀ ਸਮਝ ॥੧॥ ਰਹਾਉ ॥

18979	412	ਮਾਇਆ ਮੋਹਿ ਜਗੁ ਬਾਧਾ ਜਮਕਾਲਿ॥		Maaeiaa Mohi Jag Baadhhaa Jamakaal ||	Because of attachment to Maya, the world is bound by the Messenger of Death.	(ਪ੍ਰਭੂ ਨੂੰ ਵਿਸਾਰ ਕੇ) ਮਾਇਆ ਦੇ ਮੋਹ ਦੇ ਕਾਰਨ ਜਗਤ ਮੌਤ ਦੇ ਸਹਮ ਵਿਚ ਬੱਝਾ ਪਿਆ ਹੈ,
18980	412	ਬਾਂਧਾ ਛੂਟੈ ਨਾਮੁ ਸਮ੍ਹਾਲਿ॥		Baandhhaa Shhoottai Naam Samhaal ||	These bonds are released when one remembers the Naam, the Name of the Lord.	ਤੇ ਪਰਮਾਤਮਾ ਦੇ ਨਾਮ ਨੂੰ ਹੀ ਸੰਭਾਲ ਕੇ ਬੱਝਾ ਛੁਟ ਸਕਦਾ ਹੈ।
18981	412	ਗੁਰੁ ਸੁਖਦਾਤਾ ਅਵਰੁ ਨ ਭਾਲਿ॥		Gur Sukhadhaathaa Avar N Bhaal ||	The Guru is the Giver of peace; do not look for any other.	ਗੁਰੂ ਹੀ (ਨਾਮ ਦੀ ਦਾਤ ਦੇ ਕੇ) ਆਤਮਕ ਸੁਖ ਦੇਣ ਵਾਲਾ ਹੈ, (ਗੁਰੂ ਤੋਂ ਬਿਨਾ ਇਹ ਦਾਤ ਦੇਣ ਵਾਲਾ) ਕੋਈ ਹੋਰ ਨਹੀਂ ਲੱਭਦਾ।
18982	412	ਹਲਤਿ ਪਲਤਿ ਨਿਬਹੀ ਤੁਧੁ ਨਾਲਿ॥੨॥	(ਹਲਤਿ) ਇਸ ਲੋਕ ਚ। (ਪਲਤਿ) ਪ੍ਰਲੋਕ ਚ	Halath Palath Nibehee Thudhh Naal ||2||	In this world, and the next, He shall stand by you. ||2||	ਇਹ ਨਾਮ ਹੀ ਇਸ ਲੋਕ ਤੇ ਪਰਲੋਕ ਵਿਚ ਤੇਰੇ ਨਾਲ ਨਿਭ ਸਕਦਾ ਹੈ ॥੨॥
18983	412	ਸਬਦਿ ਮਰੈ ਤਾਂ ਏਕ ਲਿਵ ਲਾਏ॥		Sabadh Marai Thaan Eaek Liv Laaeae ||	One who dies in the Word of the Shabad, embraces love for the One Lord.	ਮਨੁੱਖ ਤਦੋਂ ਹੀ ਇਕ ਪਰਮਾਤਮਾ ਵਿਚ ਸੁਰਤਿ ਜੋੜ ਸਕਦਾ ਹੈ ਜਦੋਂ ਉਹ ਗੁਰੂ ਦੇ ਸ਼ਬਦ ਦੀ ਰਾਹੀਂ (ਮੋਹ ਵਲੋਂ) ਮਰ ਜਾਏ (ਮੋਹ ਦਾ ਪ੍ਰਭਾਵ ਆਪਣੇ ਉਤੇ ਪੈਣ ਨ ਦੇਵੇ)।

18984	412	ਅਚਰੁ ਚਰੈ ਤਾਂ ਭਰਮੁ ਚੁਕਾਏ॥	ਅ-ਚਰ(ਅਚਰੁ) ਨ ਖਾਏ ਜਾਣ ਵਾਲਾ (ਚਰੈ) ਖਾਏ	Achar Charai Thaan Bharam Chukaaeae ||	One who eats the uneatable, has his doubts dispelled.	ਤਦੋਂ ਹੀ ਜੀਵ ਮਾਇਆ ਵਲ ਮਨ ਦੀ ਭਟਕਣਾ ਦੂਰ ਕਰ ਸਕਦਾ ਹੈ, ਜੇ (ਗੁਰੂ ਦੇ ਸ਼ਬਦ ਦੀ ਰਾਹੀਂ ਕਾਮਾਦਿਕ ਪੰਜਾਂ ਦੇ) ਨਾਹ ਮੁਕਾਏ ਜਾ ਸਕਣ ਵਾਲੇ ਟੋਲੇ (ਦੇ ਪ੍ਰਭਾਵ ਨੂੰ) ਮੁਕਾ ਦੇਵੇ।
18985	412	ਜੀਵਨ ਮੁਕਤੁ ਮਨਿ ਨਾਮੁ ਵਸਾਏ॥		Jeevan Mukath Man Naam Vasaaeae ||	He is Jivan Mukta - liberated while yet alive; the Naam abides in his mind.	ਜੇਹੜਾ ਮਨੁੱਖ ਆਪਣੇ ਮਨ ਵਿਚ ਪਰਮਾਤਮਾ ਦਾ ਨਾਮ ਵਸਾ ਲੈਂਦਾ ਹੈ ਉਹ ਇਸੇ ਜ਼ਿੰਦਗੀ ਦੇ ਵਿਚ ਹੀ (ਇਹਨਾਂ ਪੰਜਾਂ ਦੇ ਪ੍ਰਭਾਵ ਤੋਂ) ਆਜ਼ਾਦ ਹੋ ਜਾਂਦਾ ਹੈ,
18986	412	ਗੁਰਮੁਖਿ ਹੋਇ ਤ ਸਚਿ ਸਮਾਏ॥੩॥		Guramukh Hoe Th Sach Samaaeae ||3||	Becoming Gurmukh, he merges into the True Lord. ||3||	ਤੇ ਉਹ ਸਦਾ-ਥਿਰ ਪ੍ਰਭੂ (ਦੇ ਨਾਮ) ਵਿਚ ਲੀਨ ਹੁੰਦਾ ਹੈ ਗੁਰੂ ਦੇ ਸਨਮੁਖ ਰਹਿਕੇ ॥੩॥
18987	412	ਜਿਨਿ ਧਰ ਸਾਜੀ ਗਗਨੁ ਅਕਾਸੁ॥	(ਧਰ) ਧਰਤੀ	Jin Dhhar Saajee Gagan Akaas ||	The One who created the earth and the Akaashic ethers of the sky,	(ਪ੍ਰਭੂ) ਜਿਸ ਨੇ ਇਹ ਧਰਤੀ ਤੇ ਅਕਾਸ਼ ਆਦਿਕ ਰਚੇ ਹਨ,
18988	412	ਜਿਨਿ ਸਭ ਥਾਪੀ ਥਾਪਿ ਉਥਾਪਿ॥	(ਉਥਾਪਿ) ਨਾਸ	Jin Sabh Thhaapee Thhaap Outhhaap ||	Established all; He establishes and disestablishes.	ਜਿਸ ਨੇ ਸਾਰੀ ਸ੍ਰਿਸ਼ਟੀ ਰਚੀ ਹੈ ਤੇ ਜੋ ਰਚ ਕੇ ਨਾਸ ਕਰਨ ਦੇ ਭੀ ਸਮਰੱਥ ਹੈ।
18989	412	ਸਰਬ ਨਿਰੰਤਰਿ ਆਪੇ ਆਪਿ॥	(ਨਿਰੰਤਰਿ) ਅੰਦਰ	Sarab Niranthar Aapae Aap ||	He Himself is permeating all.	ਫਿਰ ਉਹ ਆਪ ਹੀ ਆਪ ਸਭ ਦੇ ਅੰਦਰ ਇਕ-ਰਸ ਮੌਜੂਦ ਹੈ,

18990	412	ਕਿਸੈ ਨ ਪੂਛੈ ਬਖਸੇ ਆਪਿ॥੪॥		Kisai N Pooshhae Bakhasae Aap ||4||	He does not consult anyone; He Himself forgives. ||4||	ਆਪ ਹੀ (ਸਭ ਜੀਵਾਂ ਉਤੇ) ਬਖ਼ਸ਼ਸ਼ ਕਰਦਾ ਹੈ (ਇਹ ਬਖ਼ਸ਼ਸ਼ ਵਾਸਤੇ) ਤੇ ਇਸ ਲਈ ਉਹ ਕਿਸੇ ਹੋਰ ਦੀ ਸਲਾਹ ਨਹੀਂ ਲੈਂਦਾ ॥੪॥
18991	412	ਤੂ ਪੁਰੁ ਸਾਗਰੁ ਮਾਣਕੁ ਹੀਰੁ॥	(ਪੁਰੁ) ਭਰਿਆ ਹੋਇਆ	Thoo Pur Saagar Maanak Heer ||	You are the Ocean, over-flowing with jewels and rubies.	ਹੇ ਪ੍ਰਭੂ! ਤੂੰ ਆਪ ਹੀ ਭਰਿਆ ਹੋਇਆ ਇਹ (ਸੰਸਾਰ-) ਸਮੁੰਦਰ ਹੈਂ, ਤੂੰ ਆਪ ਹੀ ਇਸ ਵਿਚ ਮਾਣਕ-ਹੀਰਾ ਹੈਂ,
18992	412	ਤੂ ਨਿਰਮਲੁ ਸਚੁ ਗੁਣੀ ਗਹੀਰੁ॥	(ਗਹੀਰੁ) ਸਮੁੰਦਰ	Thoo Niramal Sach Gunee Geheer ||	You are immaculate and pure, the true treasure of virtue.	ਤੂੰ ਪਵਿਤ੍ਰ-ਸਰੂਪ ਹੈਂ, ਸਦਾ-ਥਿਰ ਰਹਿਣ ਵਾਲਾ ਹੈਂ, ਤੇ ਸਾਰੇ ਗੁਣਾਂ ਦਾ ਖ਼ਜ਼ਾਨਾ ਹੈਂ।
18993	413	ਸੁਖੁ ਮਾਨੈ ਭੇਟੈ ਗੁਰ ਪੀਰੁ॥		Sukh Maanai Bhaettai Gur Peer ||	Peace is enjoyed, meeting the Guru, the Spiritual Teacher.	ਜਿਸ ਮਨੁੱਖ ਨੂੰ (ਤੇਰੀ ਮੇਹਰ ਨਾਲ) ਗੁਰੂ-ਪੀਰ ਮਿਲ ਪੈਂਦਾ ਹੈ, ਉਹ (ਤੇਰੇ ਮਿਲਾਪ ਦਾ ਆਤਮਕ) ਆਨੰਦ ਮਾਣਦਾ ਹੈ।
18994	413	ਏਕੋ ਸਾਹਿਬੁ ਏਕੁ ਵਜੀਰੁ॥੫॥		Eaeko Saahib Eaek Vajeer ||5||	The Lord is the only Master; He is the only Minister. ||5||	ਤੂੰ ਆਪ ਹੀ ਆਪ ਬਾਦਸ਼ਾਹ ਹੈਂ ਤੇ ਆਪ ਹੀ ਆਪਣਾ (ਸਲਾਹਕਾਰ) ਵਜ਼ੀਰ ਹੈਂ ॥੫॥
18995	413	ਜਗੁ ਬੰਦੀ ਮੁਕਤੇ ਹਉ ਮਾਰੀ॥	(ਬੰਦੀ) ਕੈਦ ਚ	Jag Bandhee Mukathae Ho Maaree ||	The world is held in bondage; he alone is emancipated, who conquers his ego.	ਹਉਮੈ ਦੀ ਕੈਦ ਵਿਚੋਂ ਆਜ਼ਾਦ ਉਹੀ ਹਨ (ਜਿਨ੍ਹਾਂ ਨੇ ਗੁਰੂ ਦੀ ਸਰਨ ਪੈ ਕੇ ਇਸ) ਹਉਮੈ ਨੂੰ ਮਾਰਿਆ ਹੈ।
18996	413	ਜਗਿ ਗਿਆਨੀ ਵਿਰਲਾ ਆਚਾਰੀ॥	(ਆਚਾਰੀ) ਕਰਨੀ ਵਾਲਾ	Jag Giaanee Viralaa Aachaaree ||	How rare in the world is that wise person, who practices this.	ਜਗਤ ਵਿਚ ਗਿਆਨਵਾਨ ਕੋਈ ਵਿਰਲਾ ਉਹੀ ਹੈ, ਜਿਸ ਦਾ ਨਿੱਤ-ਆਚਰਨ ਉਸ ਗਿਆਨ ਦੇ ਅਨੁਸਾਰ ਹੈ,

18997	413	ਜਗਿ ਪੰਡਿਤੁ ਵਿਰਲਾ ਵੀਚਾਰੀ॥		Jag Panddith Viralaa Veechaaree ||	How rare in this world is that scholar who reflects upon this.	ਜਗਤ ਵਿਚ ਪੰਡਿਤ ਭੀ ਕੋਈ ਵਿਰਲਾ ਹੀ ਹੈ ਜੇਹੜਾ (ਵਿੱਦਿਆ ਦੇ ਅਨੁਸਾਰ ਹੀ) ਵਿਚਾਰਵਾਨ ਭੀ ਹੈ,
18998	413	ਬਿਨੁ ਸਤਿਗੁਰੁ ਭੇਟੇ ਸਭ ਫਿਰੈ ਅਹੰਕਾਰੀ॥੬॥		Bin Sathigur Bhaettae Sabh Firai Ahankaaree ||6||	Without meeting the True Guru, all wander in ego. ||6||	ਗੁਰੂ ਨੂੰ ਮਿਲਣ ਤੋਂ ਬਿਨਾ ਸਾਰੀ ਸ੍ਰਿਸ਼ਟੀ ਅਹੰਕਾਰ ਵਿਚ ਭਟਕਦੀ ਫਿਰਦੀ ਹੈ ॥੬॥
18999	413	ਜਗੁ ਦੁਖੀਆ ਸੁਖੀਆ ਜਨੁ ਕੋਇ॥		Jag Dhukheeaa Sukheeaa Jan Koe ||	The world is unhappy; only a few are happy.	ਜਗਤ ਦੁਖੀ ਹੋ ਰਿਹਾ ਹੈ, ਕੋਈ ਵਿਰਲਾ ਮਨੁੱਖ ਸੁਖੀ ਹੈ।
19000	413	ਜਗੁ ਰੋਗੀ ਭੋਗੀ ਗੁਣ ਰੋਇ॥		Jag Rogee Bhogee Gun Roe ||	The world is diseased, from its indulgences; it weeps over its lost virtue.	ਜਗਤ (ਵਿਕਾਰਾਂ ਦੇ ਕਾਰਨ ਆਤਮਕ ਤੌਰ ਤੇ) ਰੋਗੀ ਹੋ ਰਿਹਾ ਹੈ, ਭੋਗਾਂ ਵਿਚ ਪਰਵਿਰਤ ਹੈ ਤੇ ਆਤਮਕ ਗੁਣਾਂ ਲਈ ਤਰਸਦਾ ਹੈ।
19001	413	ਜਗੁ ਉਪਜੈ ਬਿਨਸੈ ਪਤਿ ਖੋਇ॥	(ਬਿਨਸੈ) ਨਾਸ ਹੁੰਦਾ। ਪਤਿ: ਪੋਲਾ ਬੋਲੋ	Jag Oupajai Binasai Path Khoe ||	The world wells up, and then subsides, losing its honor.	(ਪ੍ਰਭੂ ਨੂੰ ਭੁਲਾ ਕੇ) ਜਗਤ ਇੱਜ਼ਤ ਗਵਾ ਕੇ ਜੰਮਦਾ ਹੈ ਮਰਦਾ ਹੈ, ਮਰਦਾ ਹੈ ਜੰਮਦਾ ਹੈ।
19002	413	ਗੁਰਮੁਖਿ ਹੋਵੈ ਬੂਝੈ ਸੋਇ॥੭॥		Guramukh Hovai Boojhai Soe ||7||	He alone, who becomes Gurmukh, understands. ||7||	ਜੇਹੜਾ ਮਨੁੱਖ ਗੁਰੂ ਦੀ ਸਰਨ ਆਉਂਦਾ ਹੈ, ਉਹ ਇਸ ਭੇਦ ਨੂੰ ਸਮਝਦਾ ਹੈ ॥੭॥

19003	413	ਮਹਘੋ ਮੋਲਿ ਭਾਰਿ ਅਫਾਰੁ॥	(ਮਹਘੋ) ਮਹਿੰਗਾ। (ਅਫਾਰੁ) ਬੇਅੰਤ	Mehagho Mol Bhaar Afaar ||	His price is so costly; His weight is unbearable.	ਜੇ ਕੋਈ ਮੁੱਲ ਦੇ ਕੇ ਪਰਮਾਤਮਾ ਨੂੰ ਪ੍ਰਾਪਤ ਕਰਨਾ ਹੋਵੇ ਤਾਂ ਉਹ ਮੁੱਲ ਬਹੁਤ ਹੀ ਵਧੀਕ ਹੈ (ਉਸ ਦਾ ਮੁਲ ਦਿੱਤਾ ਨਹੀਂ ਜਾ ਸਕਦਾ) ਜੇ ਉਸ ਦੇ ਬਰਾਬਰ ਦੀ ਕੋਈ ਚੀਜ਼ ਦੇ ਕੇ ਉਸ ਨੂੰ ਪ੍ਰਾਪਤ ਕਰਨਾ ਹੋਵੇ ਤਾਂ ਕੋਈ ਚੀਜ਼ ਉਸ ਦੇ ਬਰਾਬਰ ਦੀ ਨਹੀਂ ਹੈ।
19004	413	ਅਟਲ ਅਛਲੁ ਗੁਰਮਤੀ ਧਾਰੁ॥	ਅ-ਟਲ। ਅ-ਛਲੁ: ਪੋਲਾ ਬੋਲੋ	Attal Ashhal Guramathee Dhhaar ||	He is immovable and undeceivable; enshrine Him in your mind, through the Guru's Teachings.	ਗੁਰੂ ਦੀ ਮਤਿ ਲੈ ਕੇ ਉਸ ਨੂੰ (ਆਪਣੇ ਹਿਰਦੇ ਵਿਚ) ਸਾਂਭ ਕੇ ਰੱਖ।
19005	413	ਭਾਇ ਮਿਲੈ ਭਾਵੈ ਭਇ ਕਾਰੁ॥	(ਭਇ) ਡਰ ਚ (ਕਾਰੁ) ਕੰਮ ਕਰੇ	Bhaae Milai Bhaavai Bhaeikaar ||	Meet Him through love, become pleasing to Him, and act in fear of Him.	ਉਹ ਪ੍ਰਭੂ ਪ੍ਰੇਮ ਦੀ ਰਾਹੀਂ (ਪ੍ਰੇਮ ਦੇ ਮੁੱਲ) ਮਿਲਦਾ ਹੈ ਤੇ ਜੀਵ ਦਾ ਉਸ ਦੇ ਡਰ-ਅਦਬ ਵਿਚ ਰਹਿਣਾ ਉਸ ਨੂੰ ਚੰਗਾ ਲੱਗਦਾ ਹੈ।
19006	413	ਨਾਨਕੁ ਨੀਚੁ ਕਹੈ ਬੀਚਾਰੁ॥੮॥੩॥		Naanak Neech Kehai Beechaar ||8||3||	Nanak the lowly says this, after deep contemplation. ||8||3||	ਦਾਸ ਨਾਨਕ ਇਹ ਵਿਚਾਰ ਦਸਦਾ ਹੈ ॥੮॥੩॥
19007	413	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	ਰਾਗ ਆਸਾ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
19008	413	ਏਕੁ ਮਰੈ ਪੰਚੇ ਮਿਲਿ ਰੋਵਹਿ॥	(ਪੰਚੇ) ਸਾਕ ਮਾਂ ਪਿਉ ਭਰਾ ਇਸਤ੍ਰੀ ਪੁੱਤ	Eaek Marai Panchae Mil Rovehi ||	When someone dies, the five passions meet and mourn his death.	ਇਕ (ਪ੍ਰਾਣੀ) ਮਰਦਾ ਹੈ ਉਸ ਦੇ ਸਾਕ ਸੰਬੰਧੀ ਮਿਲ ਕੇ ਰੋਂਦੇ ਹਨ,

19009	413	ਹਉਮੈ ਜਾਇ ਸਬਦਿ ਮਲੁ ਧੋਵਹਿ॥		Houmai Jaae Sabadh Mal Dhhovehi ||	Overcoming self-conceit, he washes off his filth with the Word of the Shabad.	ਪਰ ਜੇਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਮੋਹ ਦੀ ਮੈਲ ਨੂੰ ਆਪਣੇ ਮਨ ਤੋਂ ਧੋ ਲੈਂਦੇ ਹਨ, ਉਹਨਾਂ ਦੀ ਹਉਮੈ ਦੂਰ ਹੋ ਜਾਂਦੀ ਹੈ,
19010	413	ਸਮਝਿ ਸੂਝਿ ਸਹਜ ਘਰਿ ਹੋਵਹਿ॥		Samajh Soojh Sehaj Ghar Hovehi ||	One who knows and understands, enters the home of peace and poise.	ਉਹ ਇਹ ਸਮਝ ਵਿਚ ਕੇ (ਕਿ ਸਭ ਵਿਚ ਪ੍ਰਭੂ ਦੀ ਹੀ ਜੋਤਿ ਹੈ, ਕਿਸੇ ਸੰਬੰਧੀ ਦਾ ਸਰੀਰ ਨਾਸ ਹੋਣ ਤੇ) ਅਡੋਲ ਆਤਮਕ ਅਵਸਥਾ ਵਿਚ ਟਿਕੇ ਰਹਿੰਦੇ ਹਨ।
19011	413	ਬਿਨੁ ਬੂਝੇ ਸਗਲੀ ਪਤਿ ਖੋਵਹਿ॥੧॥	ਪਤਿ: ਪੋਲਾ ਬੋਲੋ	Bin Boojhae Sagalee Path Khovehi ||1||	Without understanding, he loses all his honor. ||1||	ਇਸ ਬੇਸਮਝੀ ਵਿਚ (ਕਿ ਪਰਮਾਤਮਾ ਤੋਂ ਬਿਨਾ ਕੋਈ ਹੋਰ ਆਪਣਾ ਹੈ ਹੀ ਨਹੀਂ) (ਰੋਣ ਵਾਲੇ ਉਸ ਪਰਮਾਤਮਾ ਦੀ ਨਜ਼ਰ ਵਿਚ ਆਪਣੀ) ਸਾਰੀ ਇੱਜ਼ਤ ਗਵਾ ਲੈਂਦੇ ਹਨ ॥੧॥
19012	413	ਕਉਣੁ ਮਰੈ ਕਉਣੁ ਰੋਵੈ ਓਹੀ॥		Koun Marai Koun Rovai Ouhee ||	Who dies, and who weeps for him?	ਕੌਣ ਮਰਦਾ ਹੈ, ਤੇ ਕੌਣ (ਮਰੇ ਨੂੰ) 'ਉਹ, ਉਹ' ਆਖ ਕੇ ਰੋਂਦਾ ਹੈ,
19013	413	ਕਰਣ ਕਾਰਣ ਸਭਸੈ ਸਿਰਿ ਤੋਹੀ॥੧॥ਰਹਾਉ॥		Karan Kaaran Sabhasai Sir Thohee ||1|| Rehaao ||	O Lord, Creator, Cause of causes, You are over the heads of all. ||1||Pause||	(ਜਿਸ ਦਾ ਸਰੀਰ ਬਿਨਸਦਾ ਹੈ ਉਹ ਭੀ ਤੂੰ ਆਪ ਹੀ ਹੈਂ ਤੇ ਰੋਣ ਵਾਲਾ ਭੀ ਤੂੰ ਆਪ ਹੀ ਹੈਂ) ਹੇ ਪ੍ਰਭੂ! ਹੇ ਸਾਰੇ ਜਗਤ ਦੇ ਕਰਤਾਰ! ਹਰੇਕ ਜੀਵ ਦੇ ਸਿਰ ਉਤੇ ਤੂੰ ਆਪ ਹੀ ਹੈਂ ॥੧॥ ਰਹਾਉ ॥

19014	413	ਮੂਏ ਕਉ ਰੋਵੈ ਦੁਖੁ ਕੋਇ॥		Mooeae Ko Rovai Dhukh Koe ||	Who weeps over the pain of the dead?	ਜੋ ਕੋਈ ਮੋਏ ਨੂੰ ਰੋਂਦਾ ਹੈ ਉਹ (ਅਸਲ ਵਿਚ ਆਪਣਾ) ਦੁੱਖ-ਔਖ ਫਰੋਲਦਾ ਹੈ,
19015	413	ਸੋ ਰੋਵੈ ਜਿਸੁ ਬੇਦਨ ਹੋਇ॥	(ਬੇਦਨ) ਪੀੜਾ	So Rovai Jis Baedhan Hoe ||	Those who weep, do so over their own troubles.	ਉਹ ਹੀ ਰੋਂਦਾ ਹੈ ਜਿਸ ਨੂੰ (ਕਿਸੇ ਦੇ ਮਰਨ ਤੇ ਕੋਈ) ਬਿਪਤਾ ਆ ਵਾਪਰਦੀ ਹੈ।
19016	413	ਜਿਸੁ ਬੀਤੀ ਜਾਣੈ ਪ੍ਰਭ ਸੋਇ॥		Jis Beethee Jaanai Prabh Soe ||	God knows the condition of those who are so affected.	ਪਰ ਜਿਸ ਜੀਵ ਉਤੇ (ਮੌਤ ਦੀ) ਇਹ ਘਟਨਾ ਵਰਤਦੀ ਹੈ, ਉਹ ਪ੍ਰਭੂ ਦੀ ਇਹ ਰਜ਼ਾ ਸਮਝ ਲੈਂਦਾ ਹੈ,
19017	413	ਆਪੇ ਕਰਤਾ ਕਰੈ ਸੁ ਹੋਇ॥੨॥		Aapae Karathaa Karae S Hoe ||2||	Whatever the Creator does, comes to pass. ||2||	ਕਿ ਉਹੀ ਕੁਝ ਹੋ ਰਿਹਾ ਹੈ ਜੋ ਕਰਤਾਰ ਆਪ ਕਰਦਾ ਹੈ ॥੨॥
19018	413	ਜੀਵਤ ਮਰਣਾ ਤਾਰੇ ਤਰਣਾ॥		Jeevath Maranaa Thaarae Tharanaa ||	One who remains dead while yet alive, is saved, and saves others as well.	(ਅਸਲ ਵਿਚ ਜੀਊਣ ਦੀ ਤਾਂਘ ਮਨੁੱਖ ਨੂੰ ਸੰਸਾਰ ਦੇ ਮੋਹ ਵਿਚ ਫਸਾਂਦੀ ਹੈ) ਜੀਊਣ ਦੀ ਲਾਲਸਾ ਤੋਂ ਮਨ ਦਾ ਮਰ ਜਾਣਾ (ਮੋਹ-ਸਾਗਰ ਤੋਂ) ਤਰਨ ਲਈ, ਮਾਨੋ, ਬੇੜੀ ਹੈ।
19019	413	ਜੈ ਜਗਦੀਸ ਪਰਮਗਤਿ ਸਰਣਾ॥	ਜੱਗਦੀਸ	Jai Jagadhees Param Gath Saranaa ||	Celebrate the Victory of the Lord; taking to His Sanctuary, the supreme status is obtained.	ਇਹ ਉੱਚੀ ਆਤਮਕ ਅਵਸਥਾ ਜਗਤ ਦੇ ਮਾਲਕ-ਪ੍ਰਭੂ ਦੀ ਸਰਨ ਪਿਆਂ ਲੱਭਦੀ ਹੈ।
19020	413	ਹਉ ਬਲਿਹਾਰੀ ਸਤਿਗੁਰ ਚਰਣਾ॥		Ho Balihaaree Sathigur Charanaa ||	I am a sacrifice to the feet of the True Guru.	(ਪ੍ਰਭੂ ਦੀ ਸਰਨ ਗੁਰੂ ਦੀ ਰਾਹੀਂ ਪ੍ਰਾਪਤ ਹੁੰਦੀ ਹੈ) ਮੈਂ ਗੁਰੂ ਦੇ ਚਰਨਾਂ ਤੋਂ ਸਦਕੇ ਹਾਂ।

19021	413	ਗੁਰੁ ਬੋਹਿਥੁ ਸਬਦਿ ਭੈ ਤਰਣਾ॥੩॥		Gur Bohithh Sabadh Bhai Tharanaa ||3||	The Guru is the boat; through the Shabad of His Word, the terrifying world-ocean is crossed over. ||3||	ਗੁਰੂ ਮਾਨੋ, ਜਹਾਜ਼ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਭਵ-ਸਾਗਰ ਤੋਂ ਪਾਰ ਲੰਘ ਸਕੀਦਾ ਹੈ ॥੩॥
19022	413	ਨਿਰਭਉ ਆਪਿ ਨਿਰੰਤਰਿ ਜੋਤਿ॥		Nirabho Aap Niranthar Joth ||	He Himself is Fearless; His Divine Light is contained in all.	ਪਰਮਾਤਮਾ ਨੂੰ ਕੋਈ ਡਰ ਪੋਹ ਨਹੀਂ ਸਕਦਾ, ਉਹ ਆਪ ਇਕ-ਰਸ ਹਰੇਕ ਦੇ ਅੰਦਰ ਆਪਣੀ ਜੋਤਿ ਦਾ ਪਰਕਾਸ਼ ਕਰ ਰਿਹਾ ਹੈ,
19023	413	ਬਿਨੁ ਨਾਵੈ ਸੂਤਕੁ ਜਗਿ ਛੋਤਿ॥	(ਸੂਤਕੁ) ਅਪਵਿੱਤ੍ਰ। (ਛੋਤਿ) ਛੂਤ। ਜੱਗਿ	Bin Naavai Soothak Jag Shhoth ||	Without the Name, the world is defiled and untouchable.	ਪਰ ਉਸ ਦੇ ਨਾਮ ਤੋਂ ਖੁੰਝਣ ਦੇ ਕਾਰਨ ਜਗਤ ਵਿਚ ਕਿਤੇ ਸੂਤਕ (ਦਾ ਭਰਮ) ਹੈ ਕਿਤੇ ਛੂਤ ਹੈ।
19024	413	ਦੁਰਮਤਿ ਬਿਨਸੈ ਕਿਆ ਕਹਿ ਰੋਤਿ॥		Dhuramath Binasai Kiaa Kehi Roth ||	Through evil-mindedness, they are ruined; why should they cry out and weep?	ਦੁਰਮਤਿ ਦੇ ਕਾਰਨ ਜਗਤ ਆਤਮਕ ਮੌਤੇ ਮਰ ਰਿਹਾ ਹੈ, (ਇਸ ਬਾਰੇ) ਕੀਹ ਆਖ ਕੇ ਕੋਈ ਰੋਵੇ?
19025	413	ਜਨਮਿ ਮੂਏ ਬਿਨੁ ਭਗਤਿ ਸਰੋਤਿ॥੪॥	(ਸਰੋਤਿ) ਸੁਣੇ	Janam Mooeae Bin Bhagath Saroth ||4||	They are born only to die, without hearing the music of devotional worship. ||4||	ਪਰਮਾਤਮਾ ਦੀ ਭਗਤੀ ਤੋਂ ਬਿਨਾ, ਪ੍ਰਭੂ ਦੀ ਸਿਫ਼ਤ-ਸਾਲਾਹ ਸੁਣਨ ਤੋਂ ਬਿਨਾ, ਜੀਵ ਜਨਮ ਮਰਨ ਦੇ ਗੇੜ ਵਿਚ ਪੈ ਰਹੇ ਹਨ ॥੪॥
19026	413	ਮੂਏ ਕਉ ਸਚੁ ਰੋਵਹਿ ਮੀਤ॥		Mooeae Ko Sach Rovehi Meeth ||	Only one's true friends mourn one's death.	ਆਪਾ-ਭਾਵ ਤੋਂ ਮਰੇ ਹੋਏ ਨੂੰ ਸਚ ਮੁਚ ਉਸ ਦੇ (ਪਹਿਲੇ) ਮਿੱਤਰ ਰੋਂਦੇ ਹਨ,

19027	413	ਤ੍ਰੈ ਗੁਣ ਰੋਵਹਿ ਨੀਤਾ ਨੀਤ॥		Thrai Gun Rovehi Neethaa Neeth ||	Those under the sway of the three dispositions continue to mourn on and on.	ਮਾਇਆ ਦੇ ਤਿੰਨ ਗੁਣ (ਕਿ ਸਾਡਾ ਸਾਥ ਛੱਡ ਗਿਆ ਹੈ) ਵੀ ਨਿੱਤ ਰੋਂਦੇ ਹਨ,
19028	413	ਦੁਖੁ ਸੁਖੁ ਪਰਹਰਿ ਸਹਜਿ ਸੁ ਚੀਤ॥	ਸਹਜਿ ਸਰੂਪ ਰਾਮ ਚ (ਸੁ) ਭਲੀ ਪ੍ਰਕਾਰ(ਚੀਤ)ਚਿੱਤ ਲਾਉ	Dhukh Sukh Parehar Sehaj Sucheeth ||	Disregarding pain and pleasure, center your consciousness on the Lord.	ਕਿਉਂਕਿ ਉਹ ਦੁਖ ਸੁਖ (ਦਾ ਅਹਿਸਾਸ) ਤਿਆਗ ਕੇ ਅਡੋਲ ਅਵਸਥਾ ਵਿਚ ਸੁਚੇਤ ਹੋ ਗਿਆ ਹੈ,
19029	413	ਤਨੁ ਮਨੁ ਸਉਪਉ ਕ੍ਰਿਸਨ ਪਰੀਤ॥੫॥	(ਕ੍ਰਿਸਨ) ਵਾਹਿਗੁਰੂ ਜੀ	Than Man Soupo Kirasan Pareeth ||5||	Dedicate your body and mind to the Love of the Lord. ||5||	ਤੇ ਉਸ ਨੇ ਆਪਣਾ ਤਨ ਤੇ ਮਨ ਪਰਮਾਤਮਾ ਦੀ ਪ੍ਰੀਤ ਤੋਂ ਭੇਟਾ ਕਰ ਦਿੱਤਾ ਹੈ ॥੫॥
19030	413	ਭੀਤਰਿ ਏਕੁ ਅਨੇਕ ਅਸੰਖ॥		Bheethar Eaek Anaek Asankh ||	The One Lord dwells within the various and countless beings.	ਸਭ ਦੇ ਅੰਦਰ ਇਕੋ ਪਰਮਾਤਮਾ ਵੱਸ ਰਿਹਾ ਹੈ, ਉਹ ਅਨੇਕਾਂ ਅਸੰਖਾਂ ਰੂਪਾਂ ਵਿਚ ਦਿਖਾਈ ਦੇ ਰਿਹਾ ਹੈ,
19031	413	ਕਰਮ ਧਰਮ ਬਹੁ ਸੰਖ ਅਸੰਖ॥		Karam Dhharam Bahu Sankh Asankh ||	There are so many rituals and religious faiths, their number is innumerable.	(ਪਰ ਜੀਵਾਂ ਨੇ ਉਸ ਨੂੰ ਵਿਸਾਰ ਕੇ) ਹੋਰ ਹੋਰ ਬੇਅੰਤ ਧਰਮ ਕਰਮ ਰਚ ਲਏ ਹਨ।
19032	413	ਬਿਨੁ ਭੈ ਭਗਤੀ ਜਨਮੁ ਬਿਰੰਥ॥	(ਬਿਰੰਥ) ਬਿਅਰਥ	Bin Bhai Bhagathee Janam Biranthh ||	Without the Fear of God, and devotional worship, one's life is in vain.	ਪਰਮਾਤਮਾ ਦੇ ਡਰ-ਅਦਬ ਵਿਚ ਰਹਿਣ ਤੋਂ ਬਿਨਾ, ਪ੍ਰਭੂ ਦੀ ਭਗਤੀ ਤੋਂ ਬਿਨਾ, ਜੀਵਾਂ ਦਾ ਮਨੁੱਖਾ ਜਨਮ ਵਿਅਰਥ ਜਾਂਦਾ ਹੈ।

19033	413	ਹਰਿ ਗੁਣ ਗਾਵਹਿ ਮਿਲਿ ਪਰਮਾਰੰਥ॥੬॥	(ਪਰਮਾ-ਰੰਥ) ਪ੍ਰਮਾਰਥ, ਤੱਤ ਗਿਆਨ	Har Gun Gaavehi Mil Paramaaranthh ||6||	Singing the Glorious Praises of the Lord, the supreme wealth is obtained. ||6||	ਜੇਹੜੇ ਮਿਲ ਕੇ ਹਰੀ ਦੇ ਗੁਣ ਗਾਂਦੇ ਹਨ, ਉਹ ਮਨੁੱਖਾ ਜਨਮ ਦਾ ਮਨੋਰਥ ਹਾਸਲ ਕਰ ਲੈਂਦੇ ਹਨ ॥੬॥
19034	413	ਆਪਿ ਮਰੈ ਮਾਰੇ ਭੀ ਆਪਿ॥		Aap Marai Maarae Bhee Aap ||	He Himself dies, and He Himself kills.	(ਜੀਵਾਂ ਦਾ ਰਚਨਹਾਰ ਕਰਤਾਰ ਸਭ ਜੀਵਾਂ ਦੇ ਅੰਦਰ ਆਪ ਮੌਜੂਦ ਹੈ, ਸੋ ਜਦੋਂ ਕੋਈ ਜੀਵ ਮਰਦਾ ਹੈ ਤਾਂ) ਪਰਮਾਤਮਾ (ਉਸ ਵਿਚ ਬੈਠਾ ਆਪ ਹੀ, ਮਾਨੋ) ਮਰਦਾ ਹੈ, ਉਸ ਜੀਵ ਨੂੰ ਮਾਰਦਾ ਭੀ ਆਪ ਹੀ ਹੈ।
19035	413	ਆਪਿ ਉਪਾਏ ਥਾਪਿ ਉਥਾਪਿ॥		Aap Oupaaeae Thhaap Outhhaap ||	He Himself establishes, and having established, disestablishes.	ਪ੍ਰਭੂ ਆਪ ਹੀ ਪੈਦਾ ਕਰਦਾ ਹੈ, ਪੈਦਾ ਕਰ ਕੇ ਆਪ ਹੀ ਨਾਸ ਕਰਦਾ ਹੈ।
19036	413	ਸ੍ਰਿਸਟਿ ਉਪਾਈ ਜੋਤੀ ਤੂ ਜਾਤਿ॥		Srisatt Oupaaee Jothee Thoo Jaath ||	He created the Universe, and by His Divine Nature, instilled His Divine Light into it.	ਹੇ ਜੋਤਿ-ਰੂਪ ਪ੍ਰਭੂ! ਤੂੰ ਆਪ ਹੀ ਸ੍ਰਿਸ਼ਟੀ ਪੈਦਾ ਕੀਤੀ ਹੈ, ਤੂੰ ਆਪ ਹੀ ਅਨੇਕਾਂ ਜਾਤੀਆਂ ਪੈਦਾ ਕਰ ਦਿੱਤੀਆਂ ਹਨ।
19037	413	ਸਬਦੁ ਵੀਚਾਰਿ ਮਿਲਣੁ ਨਹੀ ਭ੍ਰਾਤਿ॥੭॥	(ਭ੍ਰਾਤਿ) ਭਟਕਣਾ	Sabadh Veechaar Milan Nehee Bhraath ||7||	One who reflects upon the Word of the Shabad, meets the Lord, without doubt. ||7||	ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਨੂੰ ਵਿਸਾਰ ਕੇ (ਮਨ ਵਿਚ ਟਿਕਾ ਕੇ) ਜੀਵ ਦਾ ਉਸ ਨਾਲ ਮਿਲਾਪ ਹੋ ਜਾਂਦਾ ਹੈ, ਜੀਵ ਨੂੰ (ਸੂਤਕ ਛੂਤ ਆਦਿਕ ਦੀ ਕੋਈ) ਭਟਕਣਾ ਨਹੀਂ ਰਹਿੰਦੀ ॥੭॥

19038	413	ਸੂਤਕੁ ਅਗਨਿ ਭਖੈ ਜਗੁ ਖਾਇ॥	ਭਖੈ:ਪੋਲਾ ਬੋਲੋ। (ਭਖੈ)ਮੱਚ ਰਹੀ ਹੈ	Soothak Agan Bhakhai Jag Khaae ||	Pollution is the burning fire, which is consuming the world.	(ਪਰਮਾਤਮਾ ਆਪ ਹੀ ਸਭ ਜੀਵਾਂ ਵਿਚ ਵਿਆਪਕ ਹੋ ਕੇ ਜੰਮਦਾ ਮਰਦਾ ਹੈ), ਸਰਬ-ਵਿਆਪਕ ਪ੍ਰਭੂ ਤੋਂ ਵਿਛੁੜਿਆਂ ਨੂੰ ਸੂਤਕ ਦਾ ਭਰਮ ਖ਼ੁਆਰ ਕਰਦਾ ਹੈ।
19039	413	ਸੂਤਕੁ ਜਲਿ ਥਲਿ ਸਭ ਹੀ ਥਾਇ॥		Soothak Jal Thhal Sabh Hee Thhaae ||	Pollution is in the water, upon the land, and everywhere.	(ਸੂਤਕ ਦਾ ਭਰਮ ਕਿਥੇ ਕਿਥੇ ਕੀਤਾ ਜਾਵੇਗਾ?) ਸੂਤਕ ਅੱਗ, ਸਮੁੰਦਰ ਤੇ ਧਰਤੀ ਵਿਚ ਹੈ, ਹਰ ਥਾਂ ਹੈ, ਕਿਉਂਕ,
19040	413	ਨਾਨਕ ਸੂਤਕਿ ਜਨਮਿ ਮਰੀਜੈ॥		Naanak Soothak Janam Mareejai ||	O Nanak, people are born and die in pollution.	ਹੇ ਨਾਨਕ! ਸੂਤਕ (ਦੇ ਭਰਮ) ਵਿਚ ਪੈ ਕੇ (ਪਰਮਾਤਮਾ ਦੀ ਹੋਂਦ ਤੋਂ ਖੁੰਝ ਕੇ) ਜਗਤ ਜਨਮ ਮਰਨ ਦੇ ਗੇੜ ਵਿਚ ਪੈ ਰਿਹਾ ਹੈ।
19041	413	ਗੁਰ ਪਰਸਾਦੀ ਹਰਿ ਰਸੁ ਪੀਜੈ॥੮॥੪॥		Gur Parasaadhee Har Ras Peejai ||8||4||	By Guru's Grace, they drink in the Lord's sublime elixir. ||8||4||	(ਸਹੀ ਰਸਤਾ ਇਹ ਹੈ ਕਿ ਗੁਰੂ ਦੀ ਸਰਨ ਪੈ ਕੇ) ਗੁਰੂ ਦੀ ਮੇਹਰ ਪ੍ਰਾਪਤ ਕਰ ਕੇ ਪਰਮਾਤਮਾ ਦੇ ਨਾਮ ਦਾ ਅੰਮ੍ਰਿਤ-ਰਸ ਪੀਣਾ ਚਾਹੀਦਾ ਹੈ ॥੮॥੪॥
19042	413	ਰਾਗੁ ਆਸਾ ਮਹਲਾ ੧॥		Raag Aasaa Mehalaa 1 ||	Aasaa, First Mehl:	ਰਾਗ ਆਸਾ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
19043	413	ਆਪੁ ਵੀਚਾਰੈ ਸੁ ਪਰਖੇ ਹੀਰਾ॥		Aap Veechaarai S Parakhae Heeraa ||	One who contemplates his own self, tests the worth of the jewel.	ਉਹ ਮਨੁੱਖ ਆਪਣੇ ਆਪ ਨੂੰ (ਆਪਣੇ ਜੀਵਨ ਨੂੰ) ਵਿਚਾਰਦਾ ਤੇ ਪਰਮਾਤਮਾ ਦੇ ਸ੍ਰੇਸ਼ਟ ਨਾਮ ਦੀ ਕਦਰ ਪਛਾਣਦਾ ਹੈ,

19044	413	ਏਕ ਦ੍ਰਿਸਟਿ ਤਾਰੇ ਗੁਰ ਪੂਰਾ॥		Eaek Dhrisatt Thaarae Gur Pooraa ||	With a single glance, the Perfect Guru saves him.	ਜੋ ਪੂਰੇ ਗੁਰੂ ਇਕ (ਮੇਹਰ ਦੀ) ਨਿਗਾਹ ਨਾਲ (ਮੋਹ ਦੇ ਸਮੁੰਦਰ ਤੋਂ) ਪਾਰ ਲੰਘਾਂਦਾ ਹੈ,
19045	413	ਗੁਰੁ ਮਾਨੈ ਮਨ ਤੇ ਮਨੁ ਧੀਰਾ॥੧॥		Gur Maanai Man Thae Man Dhheeraa ||1||	When the Guru is pleased, one's mind comforts itself. ||1||	ਐਸਾ ਮਨੁੱਖ ਸੱਚੇ ਦਿਲੋਂ ਗੁਰੂ ਉਤੇ ਸਰਧਾ ਲਿਆਉਂਦਾ ਹੈ, ਉਸ ਦਾ ਮਨ (ਮਾਇਆ-ਮੋਹ ਵਿਚ) ਡੋਲਦਾ ਨਹੀਂ ॥੧॥
19046	413	ਐਸਾ ਸਾਹੁ ਸਰਾਫੀ ਕਰੈ॥	(ਸਰਾਫੀ) ਪਰਖਣ ਦਾ ਕੰਮ	Aisaa Saahu Saraafee Karai ||	He is such a banker, who tests us.	ਗੁਰੂ ਇਹੋ ਜਿਹਾ ਸ਼ਾਹ (ਸਰਾਫ਼) ਹੈ, ਤੇ ਇਹੋ ਜਿਹੀ ਸਰਾਫ਼ੀ ਕਰਦਾ ਹੈ (ਕਿ ਉਹ ਜੀਵਾਂ ਨੂੰ ਤੁਰਤ ਪਰਖ ਲੈਂਦਾ ਹੈ, ਤੇ),
19047	413	ਸਾਚੀ ਨਦਰਿ ਏਕ ਲਿਵ ਤਰੈ॥੧॥ਰਹਾਉ॥		Saachee Nadhar Eaek Liv Tharai ||1|| Rehaao ||	By His True Glance of Grace, we are blessed with the Love of the One Lord, and are saved. ||1||Pause||	ਉਸ ਦੀ ਕਦੇ ਉਕਾਈ ਨਾਹ ਖਾਣ ਵਾਲੀ ਮਿਹਰ ਦੀ ਨਿਗਾਹ ਨਾਲ ਜੀਵ ਇਕ ਪਰਮਾਤਮਾ ਵਿਚ ਸੁਰਤਿ ਜੋੜ ਕੇ (ਮੋਹ ਦੇ ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ ॥੧॥ ਰਹਾਉ ॥
19048	413	ਪੂੰਜੀ ਨਾਮੁ ਨਿਰੰਜਨ ਸਾਰੁ॥	(ਸਾਰੁ) ਉੱਤਮ	Poonjee Naam Niranjan Saar ||	The capital of the Naam is immaculate and sublime.	(ਗੁਰੂ ਦੀ ਕਿਰਪਾ ਨਾਲ) ਜੇਹੜਾ ਮਨੁੱਖ ਨਿਰੰਜਨ ਪ੍ਰਭੂ ਦੇ ਸ੍ਰੇਸ਼ਟ ਨਾਮ ਨੂੰ (ਆਪਣੇ ਆਤਮਕ ਜੀਵਨ ਦੀ) ਰਾਸਿ-ਪੂੰਜੀ ਬਣਾਂਦਾ ਹੈ,

19049	413	ਨਿਰਮਲੁ ਸਾਚਿ ਰਤਾ ਪੈਕਾਰੁ॥	(ਪੈਕਾਰੁ)ਗੁਰਮੁਖਿ ਗੁਰਸੇਵਕ	Niramal Saach Rathaa Paikaar ||	That peddler is rendered pure, who is imbued with the Truth.	ਜੋ ਸਦਾ-ਥਿਰ ਪ੍ਰਭੂ (ਦੇ ਨਾਮ-ਰੰਗ) ਵਿਚ ਰੰਗਿਆ ਰਹਿੰਦਾ ਹੈ ਉਹ ਪਵਿਤ੍ਰ (ਜੀਵਨ ਵਾਲਾ) ਹੋ ਜਾਂਦਾ ਹੈ, ਉਹ ਨਿਆਰੀਏ ਵਾਂਗ ਪਾਰਖੂ ਬਣ ਜਾਂਦਾ ਹੈ,
19050	413	ਸਿਫਤਿ ਸਹਜ ਘਰਿ ਗੁਰੁ ਕਰਤਾਰੁ॥੨॥		Sifath Sehaj Ghar Gur Karathaar ||2||	Praising the Lord, in the house of poise, he attains the Guru, the Creator. ||2||	ਸਿਫ਼ਤ-ਸਾਲਾਹ ਦੀ ਬਰਕਤਿ ਨਾਲ ਉਹ ਗੁਰੂ ਕਰਤਾਰ ਨੂੰ ਆਪਣੇ ਅਡੋਲ ਹਿਰਦੇ-ਘਰ ਵਿਚ ਵਸਾਂਦਾ ਹੈ ॥੨॥
19051	413	ਆਸਾ ਮਨਸਾ ਸਬਦਿ ਜਲਾਏ॥		Aasaa Manasaa Sabadh Jalaaeae ||	One who burns away hope and desire through the Word of the Shabad,	ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਮਾਇਕ ਆਸਾ ਤੇ ਮਾਇਕ ਫੁਰਨਾ ਸਾੜ ਦੇਂਦਾ ਹੈ,
19052	413	ਰਾਮ ਨਰਾਇਣੁ ਕਹੈ ਕਹਾਏ॥		Raam Naraaein Kehai Kehaaeae ||	Chants the Lord's Name, and inspires others to chant it as well.	ਅਤੇ ਉਹ ਆਪ ਪਰਮਾਤਮਾ ਦਾ ਭਜਨ ਕਰਦਾ ਹੈ ਤੇ ਹੋਰਨਾਂ ਨੂੰ ਇਸ ਪਾਸੇ ਪ੍ਰੇਰਦਾ ਹੈ,
19053	413	ਗੁਰ ਤੇ ਵਾਟ ਮਹਲੁ ਘਰੁ ਪਾਏ॥੩॥	(ਵਾਟ) ਰਸਤਾ	Gur Thae Vaatt Mehal Ghar Paaeae ||3||	Through the Guru, he finds the Path home, to the Mansion of the Lord's Presence. ||3||	ਜੋ ਗੁਰੂ ਤੋਂ (ਜ਼ਿੰਦਗੀ ਦਾ ਸਹੀ) ਰਸਤਾ ਲੱਭ ਲੈਂਦਾ ਹੈ, ਪਰਮਾਤਮਾ ਦਾ ਮਹਲ ਘਰ ਲੱਭ ਲੈਂਦਾ ਹੈ ॥੩॥
19054	414	ਕੰਚਨ ਕਾਇਆ ਜੋਤਿ ਅਨੂਪੁ॥		Kanchan Kaaeiaa Joth Anoop ||	His body becomes golden, by the Lord's Incomparable Light.	ਜੇਹੜਾ ਪਰਮਾਤਮਾ (ਸੁੱਧ) ਸੋਨੇ ਵਰਗੀ ਪਵਿਤ੍ਰ ਹਸਤੀ ਵਾਲਾ ਹੈ, ਜੋ ਨਿਰਾ ਚਾਨਣ ਹੀ ਚਾਨਣ ਹੈ,

19055	414	ਤ੍ਰਿਭਵਣ ਦੇਵਾ ਸਗਲ ਸਰੂਪੁ॥	(ਦੇਵਾ) ਪ੍ਰਕਾਸ਼ਕ	Thribhavan Dhaevaa Sagal Saroop ||	He beholds the divine beauty in all the three worlds.	ਜਿਸ ਵਰਗਾ ਹੋਰ ਕੋਈ ਨਹੀਂ ਹੈ, ਜੋ ਤਿੰਨਾਂ ਭਵਨਾਂ ਦਾ ਮਾਲਕ ਹੈ,
19056	414	ਮੈ ਸੋ ਧਨੁ ਪਲੈ ਸਾਚੁ ਅਖੂਟੁ॥੪॥	(ਅਖੂਟੁ) ਨਾ ਮੁੱਕਣ ਵਾਲਾ। ਪੱਲੈ	Mai So Dhhan Palai Saach Akhoott ||4||	That inexhaustible wealth of Truth is now in my lap. ||4||	ਇਹ ਸਾਰਾ ਆਕਾਰ ਜਿਸ ਦਾ (ਸਰਗੁਣ) ਸਰੂਪ ਹੈ, ਉਸ ਪਰਮਾਤਮਾ ਦਾ ਸਦਾ-ਥਿਰ ਤੇ ਕਦੇ ਨਾਹ ਮੁੱਕਣ ਵਾਲਾ ਨਾਮ-ਧਨ ਮੈਨੂੰ (ਗੁਰੂ-ਸਰਾਫ਼ ਤੋਂ) ਮਿਲਿਆ ਹੈ ॥੪॥
19057	414	ਪੰਚ ਤੀਨਿ ਨਵ ਚਾਰਿ ਸਮਾਵੈ॥	(ਪੰਚ) ਪੰਜ ਤੱਤ ਸ੍ਰੀਰ। ਤੀਨਿ ਗੁਣ ਮਾਇਆ। (ਨਵ) ਨੌਂ ਖੰਡ ਧਰਤੀ। ਚਾਰਿ ਦਿਸ਼ਾਂ ਚ (ਸਮਾਵੈ) ਸਮਾਏ ਹੋਏ	Panch Theen Nav Chaar Samaavai ||	In the five elements, the three worlds, the nine regions and the four directions, the Lord is pervading.	ਜੋ ਪਰਮਾਤਮਾ ਪੰਜਾਂ ਤੱਤਾਂ ਵਿਚ, ਮਾਇਆ ਦੇ ਤਿੰਨ ਗੁਣਾਂ ਵਿਚ, ਨੌ ਖੰਡਾਂ ਵਿਚ ਅਤੇ ਚਾਰ ਕੂਟਾਂ ਵਿਚ ਵਿਆਪਕ ਹੈ,
19058	414	ਧਰਣਿ ਗਗਨੁ ਕਲ ਧਾਰਿ ਰਹਾਵੈ॥	(ਕਲ) ਸ਼ਕਤੀ	Dhharan Gagan Kal Dhhaar Rehaavai ||	He supports the earth and the sky, exercising His almighty power.	ਜੋ ਧਰਤੀ ਤੇ ਆਕਾਸ਼ ਨੂੰ ਆਪਣੀ ਸੱਤਿਆ ਦੇ ਆਸਰੇ (ਥਾਂ ਸਿਰ) ਟਿਕਾਈ ਰਖਦਾ ਹੈ;
19059	414	ਬਾਹਰਿ ਜਾਤਉ ਉਲਟਿ ਪਰਾਵੈ॥੫॥		Baahar Jaatho Oulatt Paraavai ||5||	He turns the outgoing mind around. ||5||	ਗੁਰੂ-ਸਰਾਫ਼ ਮਨੁੱਖ ਦੇ ਬਾਹਰ ਦਿੱਸਦੇ ਆਕਾਰ ਵਲ ਦੌੜਦੇ ਮਨ ਨੂੰ ਉਸ ਪਰਮਾਤਮਾ ਵਲ ਪਰਤਾ ਕੇ ਲਿਆਉਂਦਾ ਹੈ ॥੫॥

19060	414	ਮੂਰਖੁ ਹੋਇ ਨ ਆਖੀ ਸੂਝੈ॥		Moorakh Hoe N Aakhee Soojhai ||	The fool does not realize what he sees with his eyes.	(ਗੁਰੂ-ਸਰਾਫ਼ ਦੱਸਦਾ ਹੈ ਕਿ ਪਰਮਾਤਮਾ ਸਾਰੀ ਸ੍ਰਿਸ਼ਟੀ ਵਿਚ ਰਮਿਆ ਹੋਇਆ ਹੈ, ਪਰ) ਉਹ ਮਨੁੱਖ ਮੂਰਖ ਹੈ ਜਿਸ ਨੂੰ ਅੱਖਾਂ ਨਾਲ (ਪ੍ਰਭੂ) ਨਹੀਂ ਦਿੱਸਦਾ,
19061	414	ਜਿਹਵਾ ਰਸੁ ਨਹੀ ਕਹਿਆ ਬੂਝੈ॥	ਬੂੱਝੈ	Jihavaa Ras Nehee Kehiaa Boojhai ||	He does not taste with his tongue, and does not understand what is said.	ਜਿਸ ਦੀ ਜੀਭ ਵਿਚ (ਪ੍ਰਭੂ ਦਾ) ਨਾਮ-ਰਸ ਨਹੀਂ ਆਇਆ, ਜੋ ਗੁਰੂ ਦੇ ਦੱਸੇ ਉਪਦੇਸ਼ ਨੂੰ ਨਹੀਂ ਸਮਝਦਾ।
19062	414	ਬਿਖੁ ਕਾ ਮਾਤਾ ਜਗ ਸਿਉ ਲੂਝੈ॥੬॥	(ਲੂੱਝੈ) ਝਗੜਦਾ। ਬਿਖੁ: ਪੋਲਾ ਬੋਲੋ। ਮਾੱਤਾ। ਜੱਗ	Bikh Kaa Maathaa Jag Sio Loojhai ||6||	Intoxicated with poison, he argues with the world. ||6||	ਉਹ ਮਨੁੱਖ ਵਿਹੁਲੀ ਮਾਇਆ ਵਿਚ ਮਸਤ ਹੋ ਕੇ ਜਗਤ ਨਾਲ ਝਗੜੇ ਸਹੇੜਦਾ ਹੈ ॥੬॥
19063	414	ਊਤਮ ਸੰਗਤਿ ਊਤਮੁ ਹੋਵੈ॥		Ootham Sangath Ootham Hovai ||	In the uplifting society, one is uplifted.	ਗੁਰੂ ਦੀ ਸ੍ਰੇਸ਼ਟ ਸੰਗਤਿ ਦੀ ਬਰਕਤਿ ਨਾਲ ਮਨੁੱਖ ਸ੍ਰੇਸ਼ਟ ਜੀਵਨ ਵਾਲਾ ਬਣ ਜਾਂਦਾ ਹੈ,
19064	414	ਗੁਣ ਕਉ ਧਾਵੈ ਅਵਗਣ ਧੋਵੈ॥		Gun Ko Dhhaavai Avagan Dhhovai ||	He chases after virtue and washes off his sins.	ਆਤਮਕ ਗੁਣਾਂ ਦੀ ਪ੍ਰਾਪਤੀ ਲਈ ਦੌੜ-ਭੱਜ ਕਰਦਾ ਹੈ ਤੇ (ਆਪਣੇ ਅੰਦਰੋਂ ਨਾਮ-ਅੰਮ੍ਰਿਤ ਦੀ ਸਹਾਇਤਾ ਨਾਲ) ਔਗੁਣ ਧੋ ਦੇਂਦਾ ਹੈ।
19065	414	ਬਿਨੁ ਗੁਰ ਸੇਵੇ ਸਹਜੁ ਨ ਹੋਵੈ॥੭॥		Bin Gur Saevae Sehaj N Hovai ||7||	Without serving the Guru, celestial poise is not obtained. ||7||	(ਇਹ ਗੱਲ ਯਕੀਨੀ ਹੈ ਕਿ) ਗੁਰੂ ਦੀ ਦੱਸੀ ਸੇਵਾ ਕਰਨ ਤੋਂ ਬਿਨਾ (ਔਗੁਣਾਂ ਤੋਂ ਖ਼ਲਾਸੀ ਨਹੀਂ ਹੁੰਦੀ, ਤੇ) ਅਡੋਲ ਆਤਮਕ ਅਵਸਥਾ ਨਹੀਂ ਮਿਲਦੀ ॥੭॥

19066	414	ਹੀਰਾ ਨਾਮੁ ਜਵੇਹਰ ਲਾਲੁ॥		Heeraa Naam Javaehar Laal ||	The Naam, the Name of the Lord, is a diamond, a jewel, a ruby.	ਪ੍ਰਭੂ ਨਾਮ ਕੀਮਤੀ ਹੀਰੇ ਤੇ ਲਾਲਾਂ ਦੇ ਵਾਂਗ ਹੈ,
19067	414	ਮਨੁ ਮੋਤੀ ਹੈ ਤਿਸ ਕਾ ਮਾਲੁ॥		Man Mothee Hai This Kaa Maal ||	The pearl of the mind is the inner wealth.	ਜੋ ਮੋਤੀ (ਵਰਗੇ ਸੁੱਚਾ) ਮਨ ਵਾਲੇ ਮਨੁੱਖ ਦੀ ਰਾਸਿ-ਪੂੰਜੀ ਬਣ ਜਾਂਦਾ ਹੈ।
19068	414	ਨਾਨਕ ਪਰਖੈ ਨਦਰਿ ਨਿਹਾਲੁ॥੮॥੫॥		Naanak Parakhai Nadhar Nihaal ||8||5||	O Nanak, the Lord tests us, and blesses us with His Glance of Grace. ||8||5||	ਹੇ ਨਾਨਕ! ਗੁਰੂ-ਸਰਾਫ਼ ਜਿਸ ਮਨੁੱਖ ਨੂੰ ਮੇਹਰ ਦੀ ਨਜ਼ਰ ਨਾਲ ਵੇਖਦਾ ਹੈ ਉਹ ਨਿਹਾਲ ਹੋ ਜਾਂਦਾ ਹੈ ॥੮॥੫॥
19069	414	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	ਰਾਗ ਆਸਾ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
19070	414	ਗੁਰਮੁਖਿ ਗਿਆਨੁ ਧਿਆਨੁ ਮਨਿ ਮਾਨੁ॥		Guramukh Giaan Dhhiaan Man Maan ||	The Gurmukh obtains spiritual wisdom, meditation and satisfaction of the mind.	(ਹੇ ਮਨੁੱਖ! ਤੂੰ) ਗੁਰੂ ਦੇ ਸਨਮੁਖ ਹੋ ਕੇ ਆਪਣੇ ਮਨ ਵਿਚ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਅਤੇ ਪਰਮਾਤਮਾ ਵਿਚ ਜੁੜੀ ਸੁਰਤਿ (ਦਾ ਆਨੰਦ) ਮਾਣ,
19071	414	ਗੁਰਮੁਖਿ ਮਹਲੀ ਮਹਲੁ ਪਛਾਨੁ॥		Guramukh Mehalee Mehal Pashhaan ||	The Gurmukh realizes the Mansion of the Lord's Presence.	ਗੁਰੂ ਦੀ ਸਰਨ ਪੈ ਕੇ ਤੂੰ ਆਪਣੇ ਅੰਦਰ ਪ੍ਰਭੂ ਦਾ ਟਿਕਾਣਾ ਪਛਾਣ।
19072	414	ਗੁਰਮੁਖਿ ਸੁਰਤਿ ਸਬਦੁ ਨੀਸਾਨੁ॥੧॥	(ਨੀਸਾਨੁ) ਪ੍ਰਗਟ	Guramukh Surath Sabadh Neesaan ||1||	The Gurmukh is attuned to the Word of the Shabad, as his Insignia. ||1||	ਗੁਰੂ ਦੇ ਸਨਮੁਖ ਰਹਿ ਕੇ ਤੂੰ ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾ, (ਇਹ ਤੇਰੇ ਜੀਵਨ-ਸਫ਼ਰ ਲਈ) ਰਾਹਦਾਰੀ ਹੈ ॥੧॥

19073	414	ਐਸੇ ਪ੍ਰੇਮ ਭਗਤਿ ਵੀਚਾਰੀ॥		Aisae Praem Bhagath Veechaaree ||	Such is the loving devotional worship of the Lord's contemplation.	ਇਸ ਤਰ੍ਹਾਂ ਪ੍ਰਭੂ-ਚਰਨਾਂ ਨਾਲ ਪ੍ਰੇਮ ਅਤੇ ਪਰਮਾਤਮਾ ਦੀ ਭਗਤੀ ਕਰ ਕੇ ਉਹ ਉੱਚੀ ਵਿਚਾਰ ਦਾ ਮਾਲਕ ਬਣ ਜਾਂਦਾ ਹੈ।
19074	414	ਗੁਰਮੁਖਿ ਸਾਚਾ ਨਾਮੁ ਮੁਰਾਰੀ॥੧॥ਰਹਾਉ॥		Guramukh Saachaa Naam Muraaree ||1|| Rehaao ||	The Gurmukh realizes the True Name, the Destroyer of ego. ||1||Pause||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੂੰ ਪਰਮਾਤਮਾ ਦਾ ਸਦਾ-ਥਿਰ ਰਹਿਣ ਵਾਲਾ ਨਾਮ ਪ੍ਰਾਪਤ ਹੋ ਜਾਂਦਾ ਹੈ ॥੧॥ ਰਹਾਉ ॥
19075	414	ਅਹਿ ਨਿਸਿ ਨਿਰਮਲੁ ਥਾਨਿ ਸੁਥਾਨੁ॥	(ਸੁਥਾਨ)ਸ੍ਰੇਸ਼ਟ ਥਾਂ ਸਾਧਸੰਗਤ	Ahinis Niramal Thhaan Suthhaan ||	Day and night, he remains immaculately pure, and abides in the sublime place.	(ਜੋ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹ) ਦਿਨ ਰਾਤ ਆਪਣੇ ਹਿਰਦੇ-ਥਾਂ ਵਿਚ ਪਰਮਾਤਮਾ ਦਾ ਪਵਿਤ੍ਰ ਸ੍ਰੇਸ਼ਟ ਡੇਰਾ ਬਣਾਈ ਰੱਖਦਾ ਹੈ,
19076	414	ਤੀਨ ਭਵਨ ਨਿਹਕੇਵਲ ਗਿਆਨੁ॥	(ਨਿਹਕੇਵਲ) ਸ਼ੁੱਧ ਸਰੂਪ ਪ੍ਰਮਾਤਮਾ	Theen Bhavan Nihakaeval Giaan ||	He gains the wisdom of the three worlds.	ਤਿੰਨਾਂ ਭਵਨਾਂ ਵਿਚ ਵਿਆਪਕ ਤੇ ਵਾਸ਼ਨਾ-ਰਹਿਤ ਪ੍ਰਭੂ ਨਾਲ ਉਸ ਦੀ ਡੂੰਘੀ ਸਾਂਝ ਪੈ ਜਾਂਦੀ ਹੈ।
19077	414	ਸਾਚੇ ਗੁਰ ਤੇ ਹੁਕਮੁ ਪਛਾਨੁ॥੨॥		Saachae Gur Thae Hukam Pashhaan ||2||	Through the True Guru, the Command of the Lord's Will is realized. ||2||	(ਤੂੰ ਭੀ) ਅਭੁੱਲ ਗੁਰੂ ਤੋਂ (ਭਾਵ, ਸਰਨ ਪੈ ਕੇ) ਪਰਮਾਤਮਾ ਦੀ ਰਜ਼ਾ ਨੂੰ ਸਮਝ ॥੨॥
19078	414	ਸਾਚਾ ਹਰਖੁ ਨਾਹੀ ਤਿਸੁ ਸੋਗੁ॥		Saachaa Harakh Naahee This Sog ||	He enjoys true pleasure, and suffers no pain.	(ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਸ ਦੇ) ਅੰਦਰ ਟਿਕਵਾਂ ਆਨੰਦ ਬਣਿਆ ਰਹਿੰਦਾ ਹੈ, ਉਸ ਨੂੰ ਕਦੇ ਕੋਈ ਚਿੰਤਾ ਨਹੀਂ ਪੋਂਹਦੀ;

19079	414	ਅੰਮ੍ਰਿਤੁ ਗਿਆਨੁ ਮਹਾ ਰਸੁ ਭੋਗੁ॥		Anmrith Giaan Mehaa Ras Bhog ||	He enjoys the ambrosial wisdom, and the highest sublime essence.	ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਸ੍ਰੇਸ਼ਟ ਰਸ ਵਾਲਾ ਨਾਮ ਤੇ ਪਰਮਾਤਮਾ ਨਾਲ ਡੂੰਘੀ ਸਾਂਝ ਉਸ ਮਨੁੱਖ ਦਾ ਆਤਮਕ ਭੋਜਨ ਬਣ ਜਾਂਦਾ ਹੈ।
19080	414	ਪੰਚ ਸਮਾਈ ਸੁਖੀ ਸਭੁ ਲੋਗੁ॥੩॥	(ਸਮਾਈ) ਨਾਸ	Panch Samaaee Sukhee Sabh Log ||3||	He overcomes the five evil passions, and becomes the happiest of all men. ||3||	(ਜੇ ਗੁਰੂ ਦੀ ਸਰਨ ਪੈ ਕੇ) ਜਗਤ ਕਾਮਾਦਿਕ ਪੰਜਾਂ ਨੂੰ ਮੁਕਾ ਦੇਵੇ ਤਾਂ ਸਾਰਾ ਜਗਤ ਹੀ ਸੁਖੀ ਹੋ ਜਾਏ ॥੩॥
19081	414	ਸਗਲੀ ਜੋਤਿ ਤੇਰਾ ਸਭੁ ਕੋਈ॥		Sagalee Joth Thaeraa Sabh Koee ||	Your Divine Light is contained in all; everyone belongs to You.	(ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਇਉਂ ਅਰਦਾਸ ਕਰਦਾ ਹੈ: ਹੇ ਪ੍ਰਭੂ!) ਸਾਰੀ ਸ੍ਰਿਸ਼ਟੀ ਵਿਚ ਤੇਰੀ ਹੀ ਜੋਤਿ (ਪ੍ਰਕਾਸ਼ ਕਰ ਰਹੀ ਹੈ), ਤੇ ਹਰੇਕ ਜੀਵ ਤੇਰਾ ਹੀ ਪੈਦਾ ਕੀਤਾ ਹੋਇਆ ਹੈ।
19082	414	ਆਪੇ ਜੋੜਿ ਵਿਛੋੜੇ ਸੋਈ॥		Aapae Jorr Vishhorrae Soee ||	You Yourself join and separate again.	ਪਰਮਾਤਮਾ ਆਪ ਹੀ ਜੀਵਾਂ ਦੇ ਸੰਜੋਗ ਬਣਾਂਦਾ ਹੈ, ਤੇ ਆਪ ਹੀ ਫਿਰ ਵਿਛੋੜਾ ਪਾ ਦੇਂਦਾ ਹੈ।
19083	414	ਆਪੇ ਕਰਤਾ ਕਰੇ ਸੁ ਹੋਈ॥੪॥		Aapae Karathaa Karae S Hoee ||4||	Whatever the Creator does, comes to pass. ||4||	ਜੋ ਕੁਝ ਕਰਤਾਰ ਆਪ ਹੀ ਕਰਦਾ ਹੈ ਉਹੀ ਹੁੰਦਾ ਹੈ ॥੪॥
19084	414	ਢਾਹਿ ਉਸਾਰੇ ਹੁਕਮਿ ਸਮਾਵੈ॥	(ਸਮਾਵੈ) ਲੀਨ	Dtaahi Ousaarae Hukam Samaavai ||	He demolishes, and He builds; by His Order, he merges us into Himself.	ਪਰਮਾਤਮਾ ਆਪ ਹੀ ਸ੍ਰਿਸ਼ਟੀ ਨੂੰ ਢਾਹ ਕੇ ਆਪ ਹੀ ਮੁੜ ਉਸਾਰਦਾ ਹੈ, ਉਸ ਦੇ ਹੁਕਮ ਅਨੁਸਾਰ ਹੀ ਜਗਤ ਮੁੜ ਉਸ ਵਿਚ ਲੀਨ ਹੋ ਜਾਂਦਾ ਹੈ।

19085	414	ਹੁਕਮੋ ਵਰਤੈ ਜੋ ਤਿਸੁ ਭਾਵੈ॥		Hukamo Varathai Jo This Bhaavai ||	Whatever is pleasing to His Will, happens.	ਜੋ ਉਸ ਨੂੰ ਚੰਗਾ ਲਗਦਾ ਹੈ ਉਸ ਅਨੁਸਾਰ ਉਸ ਦਾ ਹੁਕਮ ਚੱਲਦਾ ਹੈ।
19086	414	ਗੁਰ ਬਿਨੁ ਪੂਰਾ ਕੋਇ ਨ ਪਾਵੈ॥੫॥		Gur Bin Pooraa Koe N Paavai ||5||	Without the Guru, no one obtains the Perfect Lord. ||5||	ਗੁਰੂ ਦੀ ਸਰਨ ਆਉਣ ਤੋਂ ਬਿਨਾ ਕੋਈ ਜੀਵ ਪੂਰਨ ਪਰਮਾਤਮਾ ਨੂੰ ਪ੍ਰਾਪਤ ਨਹੀਂ ਕਰ ਸਕਦਾ ॥੫॥
19087	414	ਬਾਲਕ ਬਿਰਧਿ ਨ ਸੁਰਤਿ ਪਰਾਨਿ॥	ਮਨਮੁੱਖ (ਸੁਰਤਿ) ਸ੍ਰੇਸ਼ਟ ਪ੍ਰੀਤੀ ਨਾਲ (ਪਰਾਨਿ) ਪਛਾਣ ਨਹੀਂ ਕਰਦੇ	Baalak Biradhh N Surath Paraan ||	In childhood and old age, he does not understand.	ਜਿਸ ਪ੍ਰਾਣੀ ਦੀ ਸੁਰਤ ਬਚਪਨ ਜਾਂ ਬੁਢੇਪੇ ਵਿੱਚ (ਤੇ ਨਾਹ ਹੀ ਜਵਾਨੀ ਸਮੇ) ਕਦੇ ਭੀ ਪਰਮਾਤਮਾ ਵਿਚ ਨਹੀਂ ਜੁੜਦੀ,
19088	414	ਭਰਿ ਜੋਬਨਿ ਬੂਡੈ ਅਭਿਮਾਨਿ॥	(ਬੂਡੈ) ਡੁੱਬਦੇ	Bhar Joban Booddai Abhimaan ||	In the prime of youth, he is drowned in his pride.	(ਸਗੋਂ) ਭਰ-ਜਵਾਨੀ ਵਿਚ ਉਹ (ਜਵਾਨੀ ਦੇ) ਅਹੰਕਾਰ ਵਿਚ ਡੁੱਬਾ ਰਹਿੰਦਾ ਹੈ,
19089	414	ਬਿਨੁ ਨਾਵੈ ਕਿਆ ਲਹਸਿ ਨਿਦਾਨਿ॥੬॥	(ਲਹਸਿ) ਪ੍ਰਾਪਤ ਕਰੇਂਗਾ। (ਨਿਦਾਨਿ) ਅੰਤ ਨੂੰ	Bin Naavai Kiaa Lehas Nidhaan ||6||	Without the Name, what can the fool obtain? ||6||	ਉਹ ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਆਖ਼ਰ (ਇਥੋਂ) ਕੀਹ ਖੱਟੇਗਾ? ॥੬॥
19090	414	ਜਿਸ ਕਾ ਅਨੁ ਧਨੁ ਸਹਜਿ ਨ ਜਾਨਾ॥	ਅੰਨੁ। ਧਨੁ: ਪੋਲਾ ਬੋਲੋ	Jis Kaa An Dhhan Sehaj N Jaanaa ||	He does not know the One who blesses him with nourishment and wealth.	ਜਿਸ ਪਰਮਾਤਮਾ ਦਾ ਦਿੱਤਾ ਅੰਨ ਤੇ ਧਨ ਜੀਵ ਵਰਤਦਾ ਰਹਿੰਦਾ ਹੈ, ਜੇ ਅਡੋਲ ਅਵਸਥਾ ਵਿਚ ਟਿਕ ਕੇ ਉਸ ਨਾਲ ਕਦੇ ਭੀ ਸਾਂਝ ਭੀ ਨਹੀਂ ਪਾਂਦਾ,
19091	414	ਭਰਮਿ ਭੁਲਾਨਾ ਫਿਰਿ ਪਛੁਤਾਨਾ॥		Bharam Bhulaanaa Fir Pashhuthaanaa ||	Deluded by doubt, he later regrets and repents.	ਤੇ ਮਾਇਆ ਦੀ ਭਟਕਣਾ ਵਿਚ ਜੀਵਨ-ਰਾਹ ਤੋਂ ਖੁੰਝਿਆ ਰਹਿੰਦਾ ਹੈ, ਤਾਂ ਆਖ਼ਰ ਪਛਤਾਂਦਾ ਹੈ।

19092	414	ਗਲਿ ਫਾਹੀ ਬਉਰਾ ਬਉਰਾਨਾ॥੭॥	(ਬਉਰਾ) ਕਮਲ਼ਿਆਂ ਤੋਂ (ਬਉਰਾਨਾ) ਕਮਲ਼ਾ	Gal Faahee Bouraa Bouraanaa ||7||	The noose of death is around the neck of that crazy madman. ||7||	ਉਸ ਦੇ ਗਲ਼ ਵਿਚ ਮੋਹ ਦੀ ਫਾਹੀ ਪਈ ਰਹਿੰਦੀ ਹੈ, ਮੋਹ ਵਿਚ ਹੀ ਉਹ ਸਦਾ ਝੱਲਾ ਹੋਇਆ ਫਿਰਦਾ ਹੈ ॥੭॥
19093	414	ਬੂਡਤ ਜਗੁ ਦੇਖਿਆ ਤਉ ਡਰਿ ਭਾਗੇ॥		Booddath Jag Dhaekhiaa Tho Ddar Bhaagae ||	I saw the world drowning, and I ran away in fear.	ਉਹ ਜਗਤ ਨੂੰ (ਮੋਹ ਵਿਚ) ਡੁੱਬਦਾ ਵੇਖ ਕੇ (ਮੋਹ ਤੋਂ) ਡਰ ਕੇ ਭੱਜ ਜਾਂਦੇ ਹਨ,
19094	414	ਸਤਿਗੁਰਿ ਰਾਖੇ ਸੇ ਵਡਭਾਗੇ॥	ਵੱਡਭਾਗੇ	Sathigur Raakhae Sae Vaddabhaagae ||	How very fortunate are those who have been saved by the True Guru.	ਉਹ ਬੜੇ ਭਾਗਾਂ ਵਾਲੇ ਹਨ ਤੇ ਸਤਿਗੁਰੂ ਨੇ ਉਹਨਾਂ ਨੂੰ (ਮੋਹ ਦੀ ਕੈਦ ਤੋਂ) ਬਚਾ ਲਿਆ ਹੈ,
19095	414	ਨਾਨਕ ਗੁਰ ਕੀ ਚਰਣੀ ਲਾਗੇ॥੮॥੬॥		Naanak Gur Kee Charanee Laagae ||8||6||	O Nanak, they are attached to the feet of the Guru. ||8||6||	ਜੇਹੜੇ ਮਨੁੱਖ ਗੁਰੂ ਦੀ ਚਰਨੀਂ ਲੱਗਦੇ (ਸ਼ਰਨ ਪੈਂਦੇ) ਹਨ, ਹੇ ਨਾਨਕ! ॥੮॥੬॥
19096	414	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	ਰਾਗ ਆਸਾ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
19097	414	ਗਾਵਹਿ ਗੀਤੇ ਚੀਤਿ ਅਨੀਤੇ॥	(ਅਨੀਤੇ) ਕੁਕਰਮ	Gaavehi Geethae Cheeth Aneethae ||	They sing religious songs, but their consciousness is wicked.	ਜੇਹੜੇ ਮਨੁੱਖ (ਦੂਜਿਆਂ ਨੂੰ ਹੀ ਸੁਣਾਣ ਵਾਸਤੇ ਭਗਤੀ ਦੇ) ਗੀਤ ਗਾਂਦੇ ਹਨ, ਪਰ ਉਹਨਾਂ ਦੇ ਚਿੱਤ ਵਿਚ ਮੰਦੇ ਖ਼ਿਆਲ (ਮੌਜੂਦ) ਹਨ;
19098	414	ਰਾਗ ਸੁਣਾਇ ਕਹਾਵਹਿ ਬੀਤੇ॥	(ਬੀਤੇ) ਗਿਆਨੀ, ਤੱਤ ਬੇਤੇ। ਕਹਾਵਹਿ	Raag Sunaae Kehaavehi Beethae ||	They sing the songs, and call themselves divine,	ਜੇਹੜੇ (ਹੋਰਨਾਂ ਨੂੰ) ਰਾਗ (ਦ੍ਵੈਖ ਤੋਂ ਬਚਣ ਦੀਆਂ ਗੱਲਾਂ) ਸੁਣਾ ਕੇ ਅਖਵਾਂਦੇ ਹਨ ਕਿ ਅਸੀਂ ਰਾਗ ਦ੍ਵੈਖ ਤੋਂ ਬਚੇ ਹੋਏ ਹਾਂ,

19099	414	ਬਿਨੁ ਨਾਵੈ ਮਨਿ ਝੂਠੁ ਅਨੀਤੇ॥੧॥		Bin Naavai Man Jhooth Aneethae ||1||	But without the Name, their minds are false and wicked. ||1||	ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਉਹਨਾਂ ਦੇ ਮਨ ਵਿਚ ਝੂਠ (ਵੱਸਦਾ) ਹੈ, ਉਹਨਾਂ ਦੇ ਮਨ ਵਿਚ ਕੁਕਰਮ (ਟਿਕੇ ਹੋਏ) ਹਨ ॥੧॥
19100	414	ਕਹਾ ਚਲਹੁ ਮਨ ਰਹਹੁ ਘਰੇ॥		Kehaa Chalahu Man Rehahu Gharae ||	Where are you going? O mind, remain in your own home.	(ਹੋਰਨਾਂ ਨੂੰ ਮੱਤਾਂ ਦੇਣ ਵਾਲੇ) ਹੇ ਮਨ! ਤੂੰ (ਕੁਕਰਮਾਂ ਵਿਚ) ਕਿਉਂ ਭਟਕ ਰਿਹਾ ਹੈਂ? ਆਪਣੇ ਅੰਦਰ ਹੀ ਟਿਕਿਆ ਰਹੁ।
19101	414	ਗੁਰਮੁਖਿ ਰਾਮ ਨਾਮਿ ਤ੍ਰਿਪਤਾਸੇ ਖੋਜਤ ਪਾਵਹੁ ਸਹਜਿ ਹਰੇ॥੧॥ਰਹਾਉ॥	(ਤ੍ਰਿਪਤਾਸੇ) ਰੱਜੇ। (ਹਰੇ) ਹਰਿ ਜੀ	Guramukh Raam Naam Thripathaasae Khojath Paavahu Sehaj Harae ||1|| Rehaao ||	The Gurmukhs are satisfied with the Lord's Name; searching, they easily find the Lord. ||1||Pause||	ਜੇਹੜੇ ਮਨੁੱਖ ਗੁਰੂ ਦੇ ਸਨਮੁਖ ਹੁੰਦੇ ਹਨ ਉਹ ਪਰਮਾਤਮਾ ਦੇ ਨਾਮ ਵਿਚ ਜੁੜ ਕੇ (ਵਿਕਾਰਾਂ ਵਲੋਂ) ਹਟ ਜਾਂਦੇ ਹਨ। ਹੇ ਮਨ! ਤੂੰ ਭੀ ਗੁਰੂ ਦੀ ਰਾਹੀਂ ਭਾਲ ਕਰ ਕੇ ਸਹਜ ਅਵਸਥਾ ਵਿਚ ਟਿਕ ਕੇ ਪਰਮਾਤਮਾ ਨੂੰ ਲੱਭ ਲਏਂਗਾ ॥੧॥ ਰਹਾਉ ॥
19102	414	ਕਾਮੁ ਕ੍ਰੋਧੁ ਮਨਿ ਮੋਹੁ ਸਰੀਰਾ॥		Kaam Krodhh Man Mohu Sareeraa ||	Sexual desire, anger and emotional attachment fill the mind and body;	ਜਿਸ ਮਨੁੱਖ ਦੇ ਮਨ ਵਿਚ ਸਰੀਰ ਵਿਚ ਕਾਮ ਹੈ ਕ੍ਰੋਧ ਹੈ ਮੋਹ ਹੈ,
19103	414	ਲਬੁ ਲੋਭੁ ਅਹੰਕਾਰੁ ਸੁ ਪੀਰਾ॥		Lab Lobh Ahankaar S Peeraa ||	Greed and egotism lead only to pain.	ਜਿਸ ਦੇ ਅੰਦਰ ਲੱਬ ਹੈ ਲੋਭ ਹੈ ਅਹੰਕਾਰ ਹੈ, (ਜਿਸ ਦੇ ਅੰਦਰ ਇਹਨਾਂ ਵਿਕਾਰਾਂ ਦਾ) ਕਲੇਸ਼ ਹੈ,

19104	414	ਰਾਮ ਨਾਮ ਬਿਨੁ ਕਿਉ ਮਨੁ ਧੀਰਾ॥੨॥	(ਧੀਰਾ) ਟਿਕੇ	Raam Naam Bin Kio Man Dhheeraa ||2||	How can the mind be comforted without the Lord's Name? ||2||	ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਉਸ ਦਾ ਮਨ (ਇਹਨਾਂ ਦਾ ਟਾਕਰਾ ਕਰਨ ਦਾ) ਕਿਵੇਂ ਹੌਸਲਾ ਕਰ ਸਕਦਾ ਹੈ? ॥੨॥
19105	414	ਅੰਤਰਿ ਨਾਵਣੁ ਸਾਚੁ ਪਛਾਣੈ॥	ਨ੍ਹਾਵਣੁ	Anthar Naavan Saach Pashhaanai ||	One who cleanses himself within, knows the True Lord.	ਜੇਹੜਾ ਮਨੁੱਖ ਆਪਣੇ ਅੰਦਰ ਸਦਾ-ਥਿਰ ਪ੍ਰਭੂ ਨਾਲ ਸਾਂਝ ਪਾ ਲੈਂਦਾ ਹੈ, ਉਹ ਆਪਣੇ ਆਤਮਾ ਵਿਚ (ਤੀਰਥ-) ਇਸ਼ਨਾਨ ਕਰ ਰਿਹਾ ਹੈ,
19106	414	ਅੰਤਰ ਕੀ ਗਤਿ ਗੁਰਮੁਖਿ ਜਾਣੈ॥		Anthar Kee Gath Guramukh Jaanai ||	The Gurmukh knows the condition of his innermost being.	ਐਸਾ ਮਨੁੱਖ (ਗੁਰੂ ਦੀ ਸਰਨ ਪੈ ਕੇ) ਆਪਣੀ ਅੰਦਰਲੀ ਆਤਮਕ ਹਾਲਤ ਸਮਝ ਲੈਂਦਾ ਹੈ।
19107	414	ਸਾਚ ਸਬਦ ਬਿਨੁ ਮਹਲੁ ਨ ਪਛਾਣੈ॥੩॥		Saach Sabadh Bin Mehal N Pashhaanai ||3||	Without the True Word of the Shabad, the Mansion of the Lord's Presence is not realized. ||3||	(ਪਰ ਗੁਰੂ ਦੇ) ਸੱਚੇ ਸ਼ਬਦ ਤੋਂ ਬਿਨਾ ਪਰਮਾਤਮਾ ਦਾ ਟਿਕਾਣਾ ਕੋਈ ਮਨੁੱਖ ਨਹੀਂ ਪਛਾਣ ਸਕਦਾ ॥੩॥
19108	414	ਨਿਰੰਕਾਰ ਮਹਿ ਆਕਾਰੁ ਸਮਾਵੈ॥	(ਆਕਾਰੁ) ਜਗਤ ਪਸਾਰਾ	Nirankaar Mehi Aakaar Samaavai ||	One who merges his form into the Formless Lord,	ਜੇਹੜਾ ਮਨੁੱਖ ਦਿੱਸਦੇ ਸੰਸਾਰ ਨੂੰ ਅਦ੍ਰਿਸ਼ਟ ਪ੍ਰਭੂ ਵਿਚ ਲੀਨ ਕਰ ਲੈਂਦਾ ਹੈ (ਭਾਵ, ਆਪਣੀ ਬ੍ਰਿਤੀ ਨੂੰ ਬਾਹਰ ਵਲੋਂ ਰੋਕ ਕੇ ਅੰਦਰ ਲੈ ਆਉਂਦਾ ਹੈ;)

19109	414	ਅਕਲ ਕਲਾ ਸਚੁ ਸਾਚਿ ਟਿਕਾਵੈ॥	(ਅ-ਕਲ) ਕਲਪਣਾ ਰਹਿਤ, ਬ੍ਰਹਮ। (ਕਲਾ) ਸ਼ਕਤੀ, ਸਹਾਰਾ	Akal Kalaa Sach Saach Ttikaavai ||	Abides in the True Lord, the Powerful, beyond power.	ਜਿਸ ਪ੍ਰਭੂ ਦੀ ਸੱਤਿਆ-ਗਿਣਤੀ ਮਿਣਤੀ ਤੋਂ ਪਰੇ ਹੈ ਉਸ ਸਦਾ-ਥਿਰ ਪ੍ਰਭੂ ਨੂੰ ਜੇਹੜਾ ਮਨੁੱਖ ਸਿਮਰਨ ਦੀ ਰਾਹੀਂ ਆਪਣੇ ਹਿਰਦੇ ਵਿਚ ਟਿਕਾਂਦਾ ਹੈ,
19110	414	ਸੋ ਨਰੁ ਗਰਭ ਜੋਨਿ ਨਹੀ ਆਵੈ॥੪॥		So Nar Garabh Jon Nehee Aavai ||4||	Such a person does not enter into the womb of reincarnation again. ||4||	ਉਹ ਮਨੁੱਖ ਜਨਮ ਮਰਨ ਦੇ ਗੇੜ ਵਿਚ ਨਹੀਂ ਆਉਂਦਾ ॥੪॥
19111	414	ਜਹਾਂ ਨਾਮੁ ਮਿਲੈ ਤਹ ਜਾਉ॥		Jehaan Naam Milai Theh Jaao ||	Go there, where you may obtain the Naam, the Name of the Lord.	(ਇਸ ਵਾਸਤੇ ਮੇਰੀ ਇਹ ਅਰਦਾਸ ਹੈ ਕਿ) ਜਿਥੋਂ (ਗੁਰ-ਸੰਗਤਿ ਵਿਚੋਂ) ਮੈਨੂੰ ਪਰਮਾਤਮਾ ਦਾ ਨਾਮ ਮਿਲ ਜਾਏ, ਮੈਂ ਉਥੇ ਹੀ ਜਾਵਾਂ,
19112	415	ਗੁਰ ਪਰਸਾਦੀ ਕਰਮ ਕਮਾਉ॥		Gur Parasaadhee Karam Kamaao ||	By Guru's Grace, perform good deeds.	ਗੁਰੂ ਦੀ ਕਿਰਪਾ ਨਾਲ ਮੈਂ ਉਹੀ ਕੰਮ ਕਰਾਂ (ਜਿਨ੍ਹਾਂ ਕਰਕੇ ਮੈਨੂੰ ਪਰਮਾਤਮਾ ਦਾ ਨਾਮ ਪ੍ਰਾਪਤ ਹੋਵੇ),
19113	415	ਨਾਮੇ ਰਾਤਾ ਹਰਿ ਗੁਣ ਗਾਉ॥੫॥		Naamae Raathaa Har Gun Gaao ||5||	Imbued with the Naam, sing the Glorious Praises of the Lord. ||5||	ਤੇ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗਿਆ ਹੋਇਆ ਮੈਂ ਪਰਮਾਤਮਾ ਦਾ ਗੁਣ ਗਾਂਦਾ ਰਹਾਂ ॥੫॥
19114	415	ਗੁਰ ਸੇਵਾ ਤੇ ਆਪੁ ਪਛਾਤਾ॥		Gur Saevaa Thae Aap Pashhaathaa ||	Serving the Guru, I have come to understand myself.	ਗੁਰੂ ਦੀ ਦੱਸੀ ਹੋਈ ਸੇਵਾ ਦੀ ਰਾਹੀਂ ਜਿਸ ਮਨੁੱਖ ਨੇ ਆਪਣਾ ਅੰਦਰਲਾ ਆਤਮਕ ਜੀਵਨ ਪਛਾਣ ਲਿਆ,

19115	415	ਅੰਮ੍ਰਿਤ ਨਾਮੁ ਵਸਿਆ ਸੁਖਦਾਤਾ॥		Anmrith Naam Vasiaa Sukhadhaathaa ||	The Ambrosial Naam, the Giver of Peace, abides within my mind.	ਉਸ ਦੇ ਮਨ ਵਿਚ ਆਤਮਕ ਜੀਵਨ ਦੇਣ ਵਾਲਾ ਆਤਮਕ ਆਨੰਦ ਦੇਣ ਵਾਲਾ ਹਰੀ-ਨਾਮ ਵੱਸ ਪਿਆ (ਸਮਝੋ)।
19116	415	ਅਨ ਦਿਨੁ ਬਾਣੀ ਨਾਮੇ ਰਾਤਾ॥੬॥		Anadhin Baanee Naamae Raathaa ||6||	Night and day, I am imbued with the Word of the Guru's Bani, and the Naam. ||6||	ਉਹ ਮਨੁੱਖ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ ਹਰ ਰੋਜ਼ ਨਾਮ-ਰੰਗ ਵਿਚ ਰੰਗਿਆ ਰਹਿੰਦਾ ਹੈ ॥੬॥
19117	415	ਮੇਰਾ ਪ੍ਰਭੁ ਲਾਏ ਤਾ ਕੋ ਲਾਗੈ॥		Maeraa Prabh Laaeae Thaa Ko Laagai ||	When my God attaches someone to Him, only then is that person attached.	(ਪਰ ਇਹ ਖੇਡ ਜੀਵ ਦੇ ਵੱਸ ਦੀ ਨਹੀਂ) ਜਦੋਂ ਪਿਆਰਾ ਪ੍ਰਭੂ ਕਿਸੇ ਜੀਵ ਨੂੰ ਆਪਣੇ ਨਾਮ ਵਿਚ ਲਗਾਂਦਾ ਹੈ ਤਦੋਂ ਹੀ ਕੋਈ ਲੱਗਦਾ ਹੈ,
19118	415	ਹਉਮੈ ਮਾਰੇ ਸਬਦੇ ਜਾਗੈ॥		Houmai Maarae Sabadhae Jaagai ||	Conquering ego, he remains awake to the Word of the Shabad.	ਤਦੋਂ ਹੀ ਗੁਰ-ਸ਼ਬਦ ਦੀ ਰਾਹੀਂ ਉਹ ਹਉਮੈ ਨੂੰ ਮਾਰ ਕੇ (ਇਸ ਵਲੋਂ ਸਦਾ) ਸੁਚੇਤ ਰਹਿੰਦਾ ਹੈ।
19119	415	ਐਥੈ ਓਥੈ ਸਦਾ ਸੁਖੁ ਆਗੈ॥੭॥		Aithhai Outhhai Sadhaa Sukh Aagai ||7||	Here and hereafter, he enjoys lasting peace. ||7||	ਫਿਰ ਲੋਕ ਪਰਲੋਕ ਵਿਚ ਸਦਾ ਆਤਮਕ ਆਨੰਦ ਉਸ ਦੇ ਸਾਹਮਣੇ ਮੌਜੂਦ ਰਹਿੰਦਾ ਹੈ ॥੭॥
19120	415	ਮਨੁ ਚੰਚਲੁ ਬਿਧਿ ਨਾਹੀ ਜਾਣੈ॥		Man Chanchal Bidhh Naahee Jaanai ||	The fickle mind does not know the way.	ਪਰ ਚੰਚਲ ਮਨ (ਹਉਮੈ ਨੂੰ ਮਾਰਨ ਦਾ) ਤਰੀਕਾ ਨਹੀਂ ਜਾਣ ਸਕਦਾ,

19121	415	ਮਨਮੁਖਿ ਮੈਲਾ ਸਬਦੁ ਨ ਪਛਾਣੈ॥		Manamukh Mailaa Sabadh N Pashhaanai ||	The filthy self-willed manmukh does not understand the Shabad.	ਕਿਉਂਕਿ ਮਨਮੁਖਿ ਦਾ ਮਨ (ਵਿਕਾਰਾਂ ਨਾਲ ਸਦਾ) ਮੈਲਾ ਰਹਿੰਦਾ ਹੈ, ਉਹ ਗੁਰੂ ਦੇ ਸ਼ਬਦ ਨਾਲ ਸਾਂਝ ਨਹੀਂ ਪਾ ਸਕਦਾ।
19122	415	ਗੁਰਮੁਖਿ ਨਿਰਮਲੁ ਨਾਮੁ ਵਖਾਣੈ॥੮॥	(ਵਖਾਣੈ) ਸਿਮਰਦਾ	Guramukh Niramal Naam Vakhaanai ||8||	The Gurmukh chants the Immaculate Naam. ||8||	ਗੁਰੂ ਦੇ ਦੱਸੇ ਰਾਹ ਤੇ ਤੁਰਨ ਵਾਲਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ ਤੇ ਪਵਿਤ੍ਰ ਜੀਵਨ ਵਾਲਾ ਹੁੰਦਾ ਹੈ ॥੮॥
19123	415	ਹਰਿ ਜੀਉ ਆਗੈ ਕਰੀ ਅਰਦਾਸਿ॥		Har Jeeo Aagai Karee Aradhaas ||	I offer my prayer to the Lord,	ਮੈਂ ਪ੍ਰਭੂ ਜੀ ਅੱਗੇ ਇਹ ਅਰਦਾਸਿ ਕਰਦਾ ਹਾਂ ਕਿ,
19124	415	ਸਾਧੂ ਜਨ ਸੰਗਤਿ ਹੋਇ ਨਿਵਾਸੁ॥		Saadhhoo Jan Sangath Hoe Nivaas ||	That I might dwell in the Saadh Sangat, the Company of the Holy.	ਗੁਰਮੁਖਾਂ ਦੀ ਸੰਗਤਿ ਵਿਚ ਮੇਰਾ ਨਿਵਾਸ ਬਣਿਆ ਰਹੇ,
19125	415	ਕਿਲਵਿਖ ਦੁਖ ਕਾਟੇ ਹਰਿ ਨਾਮੁ ਪ੍ਰਗਾਸੁ॥੯॥	(ਕਿਲਵਿਖ) ਪਾਪ	Kilavikh Dhukh Kaattae Har Naam Pragaas ||9||	There, sins and sufferings are erased, and one is illumined with the Lord's Name. ||9||	ਤੇ ਮੇਰੇ ਅੰਦਰ ਪਰਮਾਤਮਾ ਦਾ ਨਾਮ ਚਮਕ ਪਏ, ਤੇ ਉਹ ਨਾਮ ਮੇਰੇ ਪਾਪ ਕਲੇਸ਼ ਕੱਟ ਦੇਵੇ ॥੯॥
19126	415	ਕਰਿ ਬੀਚਾਰੁ ਆਚਾਰੁ ਪਰਾਤਾ॥	(ਆਚਾਰੁ) ਸ਼ੁਭ ਕਰਨੀ	Kar Beechaar Aachaar Paraathaa ||	In reflective meditation, I have come to love good conduct.	ਜਿਹੜਾ ਗੁਰੂ ਦੀ ਬਾਣੀ ਨੂੰ ਵਿਚਾਰ ਕੇ ਚੰਗਾ ਆਚਰਨ ਬਣਾਣਾ ਸਮਝ ਲੈਂਦਾ ਹੈ,
19127	415	ਸਤਿਗੁਰ ਬਚਨੀ ਏਕੋ ਜਾਤਾ॥		Sathigur Bachanee Eaeko Jaathaa ||	Through the Word of the True Guru, I recognize the One Lord.	ਤੇ ਗੁਰੂ ਦੇ ਬਚਨਾਂ ਉਤੇ ਤੁਰ ਕੇ ਇਕ ਪਰਮਾਤਮਾ ਨਾਲ ਸਾਂਝ ਪਾਂਦਾ ਹੈ,

19128	415	ਨਾਨਕ ਰਾਮ ਨਾਮਿ ਮਨੁ ਰਾਤਾ॥੧੦॥੭॥		Naanak Raam Naam Man Raathaa ||10||7||	O Nanak, my mind is imbued with the Lord's Name. ||10||7||	ਉਸ ਦਾ ਮਨ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗਿਆ ਰਹਿੰਦਾ ਹੈ। ਹੇ ਨਾਨਕ! ॥੧੦॥੭॥
19129	415	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	ਰਾਗ ਆਸਾ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
19130	415	ਮਨੁ ਮੈਗਲੁ ਸਾਕਤੁ ਦੇਵਾਨਾ॥	(ਮੈਗਲੁ) ਹਾਥੀ। (ਦੇਵਾਨਾ) ਮਸਤ	Man Maigal Saakath Dhaevaanaa ||	The mind of the faithless cynic is like a crazy elephant.	ਗੁਰ-ਸ਼ਬਦ ਤੋਂ ਖੁੰਝ ਕੇ (ਮਾਇਆ-ਵੇੜ੍ਹਿਆ) ਮਨ ਪਾਗਲ ਹਾਥੀ (ਸਮਾਨ) ਹੈ,
19131	415	ਬਨ ਖੰਡਿ ਮਾਇਆ ਮੋਹਿ ਹੈਰਾਨਾ॥	(ਖੰਡਿ) ਨਾਸ ਕਰਦਾ ਹੈ। (ਹੈਰਾਨਾ) ਭਟਕਦਾ	Ban Khandd Maaeiaa Mohi Hairaanaa ||	It wanders around the forest, distracted by attachment to Maya.	ਤੇ ਮਾਇਆ ਦੇ ਮੋਹ ਦੇ ਕਾਰਨ (ਸੰਸਾਰ-) ਜੰਗਲ ਵਿਚ ਭਟਕਦਾ ਫਿਰਦਾ ਹੈ।
19132	415	ਇਤ ਉਤ ਜਾਹਿ ਕਾਲ ਕੇ ਚਾਪੇ॥	(ਚਾਪੇ) ਦਬਾਏ	Eith Outh Jaahi Kaal Kae Chaapae ||	It goes here and there, hounded by death.	(ਮਾਇਆ ਦੇ ਮੋਹ ਦੇ ਕਾਰਨ) ਜਿਨ੍ਹਾਂ ਨੂੰ ਆਤਮਕ ਮੌਤ ਦਬਾ ਲੈਂਦੀ ਹੈ ਉਹ ਇਧਰ ਉਧਰ ਭਟਕਦੇ ਫਿਰਦੇ ਹਨ।
19133	415	ਗੁਰਮੁਖਿ ਖੋਜਿ ਲਹੈ ਘਰੁ ਆਪੈ॥੧॥		Guramukh Khoj Lehai Ghar Aapae ||1||	The Gurmukh seeks, and finds his own home. ||1||	ਜੋ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਹ ਭਾਲ ਕੇ ਆਪਣੇ ਅੰਦਰ ਪਰਮਾਤਮਾ ਦਾ ਟਿਕਾਣਾ ਲੱਭ ਲੈਂਦਾ ਹੈ (ਤੇ ਭਟਕਣਾ ਵਿਚ ਨਹੀਂ ਪੈਂਦਾ) ॥੧॥
19134	415	ਬਿਨੁ ਗੁਰ ਸਬਦੈ ਮਨੁ ਨਹੀ ਠਉਰਾ॥	(ਠਉਰਾ) ਟਿਕਦਾ	Bin Gur Sabadhai Man Nehee Thouraa ||	Without the Word of the Guru's Shabad, the mind finds no place of rest.	ਗੁਰੂ ਦੇ ਸ਼ਬਦ (ਵਿਚ ਜੁੜਨ) ਤੋਂ ਬਿਨਾ ਮਨ ਇਕ ਥਾਂ ਟਿਕਿਆ ਨਹੀਂ ਰਹਿ ਸਕਦਾ।

19135	415	ਸਿਮਰਹੁ ਰਾਮ ਨਾਮੁ ਅਤਿ ਨਿਰਮਲੁ ਅਵਰ ਤਿਆਗਹੁ ਹਉਮੈ ਕਉਰਾ॥੧॥ਰਹਾਉ॥		Simarahu Raam Naam Ath Niramal Avar Thiaagahu Houmai Kouraa ||1|| Rehaao ||	Remember in meditation the Lord's Name, the most pure and sublime; renounce your bitter egotism. ||1||Pause||	(ਇਸ ਮਨ ਨੂੰ ਟਿਕਾਣ ਵਾਸਤੇ ਗੁਰ-ਸ਼ਬਦ ਦੀ ਰਾਹੀਂ) ਪਰਮਾਤਮਾ ਦਾ ਨਾਮ ਸਿਮਰੋ ਜੋ ਬਹੁਤ ਹੀ ਪਵਿਤ੍ਰ ਹੈ, ਅਤੇ ਹੋਰ ਰਸ ਛੱਡੋ ਜੋ ਕੌੜੇ ਭੀ ਹਨ ਤੇ ਹਉਮੈ ਨੂੰ ਵਧਾਂਦੇ ਹਨ ॥੧॥ ਰਹਾਉ ॥
19136	415	ਇਹੁ ਮਨੁ ਮੁਗਧੁ ਕਹਹੁ ਕਿਉ ਰਹਸੀ॥	(ਰਹਸੀ) ਟਿਕੇ। ਕਹ-ਹੁਰਹ-ਸੀ	Eihu Man Mugadhh Kehahu Kio Rehasee ||	Tell me, how can this stupid mind be rescued?	(ਮਾਇਆ ਦੇ ਮੋਹ ਵਿਚ ਹੈਰਾਨ ਹੋਇਆ) ਇਹ ਮਨ ਆਪਣੀ ਸੂਝ ਗਵਾ ਲੈਂਦਾ ਹੈ, ਫਿਰ ਦੱਸੋ, ਇਹ ਭਟਕਣੋਂ ਕਿਵੇਂ ਰਹਿ ਸਕਦਾ ਹੈ?
19137	415	ਬਿਨੁ ਸਮਝੇ ਜਮ ਕਾ ਦੁਖੁ ਸਹਸੀ॥		Bin Samajhae Jam Kaa Dhukh Sehasee ||	Without understanding, it shall suffer the pains of death.	ਆਪਣੇ ਅਸਲੇ ਦੀ ਸੂਝ ਤੋ ਬਿਨਾ ਇਹ ਮਨ ਆਤਮਕ ਮੌਤ ਦਾ ਦੁੱਖ ਸਹਾਰੇਗਾ ਹੀ।
19138	415	ਆਪੇ ਬਖਸੇ ਸਤਿਗੁਰੁ ਮੇਲੈ॥		Aapae Bakhasae Sathigur Maelai ||	The Lord Himself forgives us, and unites us with the True Guru.	ਜਿਸ ਮਨੁੱਖ ਉਤੇ ਪਰਮਾਤਮਾ ਆਪ ਬਖ਼ਸ਼ਸ਼ ਕਰਦਾ ਹੈ, ਉਸ ਨੂੰ ਗੁਰੂ ਮਿਲ ਪੈਂਦਾ ਹੈ,
19139	415	ਕਾਲੁ ਕੰਟਕੁ ਮਾਰੇ ਸਚੁ ਪੇਲੈ॥੨॥	(ਕੰਟਕੁ) ਦੁੱਖਦਾਈ। (ਪੇਲੈ) ਪ੍ਰੇਰਦਾ	Kaal Kanttak Maarae Sach Paelai ||2||	The True Lord conquers and overcomes the tortures of death. ||2||	ਉਹ ਦੁਖਦਾਈ ਆਤਮਕ ਮੌਤ ਨੂੰ ਸਹਾਰ ਲੈਂਦਾ ਹੈ, ਸਦਾ-ਥਿਰ ਪ੍ਰਭੂ (ਉਸ ਨੂੰ ਆਤਮਕ ਜੀਵਨ ਵਲ) ਪ੍ਰੇਰਦਾ ਹੈ ॥੨॥

19140	415	ਇਹੁ ਮਨੁ ਕਰਮਾ ਇਹੁ ਮਨੁ ਧਰਮਾ॥		Eihu Man Karamaa Eihu Man Dhharamaa ||	This mind commits its deeds of karma, and this mind follows the Dharma.	(ਮਾਇਆ ਦੇ ਮੋਹ ਵਿਚ ਹੈਰਾਨ ਹੋਇਆ) ਇਹ ਮਨ ਹੋਰ ਹੋਰ ਧਾਰਮਿਕ ਰਸਮਾਂ ਰੀਵਾਜ ਕਰਦਾ ਫਿਰਦਾ ਹੈ,
19141	415	ਇਹੁ ਮਨੁ ਪੰਚ ਤਤੁ ਤੇ ਜਨਮਾ॥		Eihu Man Panch Thath Thae Janamaa ||	This mind is born of the five elements.	ਤੇ ਇਹ ਮਨ ਪੰਜਾਂ ਤੱਤਾਂ ਤੋਂ ਜੰਮਿਆ ਹੋਇਆ ਹੈ (ਭਾਵ, ਜਨਮ ਮਰਨ ਦੇ ਗੇੜ ਵਿਚ ਲਈ ਫਿਰਦਾ ਹੈ)।
19142	415	ਸਾਕਤੁ ਲੋਭੀ ਇਹੁ ਮਨੁ ਮੂੜਾ॥		Saakath Lobhee Eihu Man Moorraa ||	This foolish mind is perverted and greedy.	ਮਾਇਆ-ਵੇੜ੍ਹਿਆ ਇਹ ਮਨ ਲਾਲਚੀ ਬਣ ਜਾਂਦਾ ਹੈ, ਮੂਰਖ ਹੋ ਜਾਂਦਾ ਹੈ।
19143	415	ਗੁਰਮੁਖਿ ਨਾਮੁ ਜਪੈ ਮਨੁ ਰੂੜਾ॥੩॥	(ਰੂੜਾ) ਸੁੰਦਰ	Guramukh Naam Japai Man Roorraa ||3||	Chanting the Naam, the mind of the Gurmukh becomes beautiful. ||3||	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਪ੍ਰਭੂ ਦਾ ਨਾਮ ਜਪਦਾ ਹੈ ਉਸ ਦਾ ਮਨ ਸੁੰਦਰ (ਘਾੜਤ ਵਾਲਾ ਬਣ ਜਾਂਦਾ) ਹੈ ॥੩॥
19144	415	ਗੁਰਮੁਖਿ ਮਨੁ ਅਸਥਾਨੇ ਸੋਈ॥	(ਅਸਥਾਨੇ) ਟਿਕਾਣੇ	Guramukh Man Asathhaanae Soee ||	The mind of the Gurmukh finds the Lord's home.	ਗੁਰੂ ਦੇ ਸਨਮੁਖ ਹੋਏ ਮਨੁੱਖ ਦਾ ਮਨ ਪਰਮਾਤਮਾ ਨੂੰ (ਆਪਣੇ ਅੰਦਰ) ਥਾਂ ਦੇਂਦਾ ਹੈ,
19145	415	ਗੁਰਮੁਖਿ ਤ੍ਰਿਭਵਣਿ ਸੋਝੀ ਹੋਈ॥		Guramukh Thribhavan Sojhee Hoee ||	The Gurmukh comes to know the three worlds.	ਉਸ ਨੂੰ ਉਸ ਪ੍ਰਭੂ ਦੀ ਸੂਝ ਹੋ ਜਾਂਦੀ ਹੈ ਜੋ ਤਿੰਨਾਂ ਭਵਨਾਂ ਵਿਚ ਵਿਆਪਕ ਹੈ।

19146	415	ਇਹੁ ਮਨੁ ਜੋਗੀ ਭੋਗੀ ਤਪੁ ਤਾਪੈ॥	ਜੋਗੀ ਤਪੁ: ਪੋਲੇ ਬੋਲੋ। ਭੋੱਗੀ। ਤੱਾਪੈ	Eihu Man Jogee Bhogee Thap Thaapai ||	This mind is a Yogi, an enjoyer, a practicer of austerities.	(ਮਾਇਆ ਦੇ ਮੋਹ ਵਿਚ ਹੈਰਾਨ ਹੋਇਆ) ਇਹ ਮਨ ਕਦੇ ਜੋਗ-ਸਾਧਨ ਕਰਦਾ ਹੈ ਕਦੇ ਮਾਇਆ ਦੇ ਭੋਗ ਭੋਗਦਾ ਹੈ ਕਦੇ ਤਪਾਂ ਨਾਲ ਸਰੀਰ ਨੂੰ ਕਸ਼ਟ ਦੇਂਦਾ ਹੈ (ਪਰ ਆਤਮਕ ਆਨੰਦ ਉਸ ਨੂੰ ਕਿਤੇ ਨਹੀਂ ਲੱਭਦਾ)।
19147	415	ਗੁਰਮੁਖਿ ਚੀਨ੍ਹੈ ਹਰਿ ਪ੍ਰਭੁ ਆਪੈ॥੪॥	(ਚੀਨ੍ਹੈ) ਜਾਣੇ	Guramukh Cheenaih Har Prabh Aapai ||4||	The Gurmukh understands the Lord God Himself. ||4||	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਹ ਹਰੀ ਪਰਮਾਤਮਾ ਨੂੰ ਆਪਣੇ ਅੰਦਰ ਖੋਜ ਲੈਂਦਾ ਹੈ ॥੪॥
19148	415	ਮਨੁ ਬੈਰਾਗੀ ਹਉਮੈ ਤਿਆਗੀ॥		Man Bairaagee Houmai Thiaagee ||	This mind is a detached renunciate, forsaking egotism.	(ਮਾਇਆ ਦੇ ਮੋਹ ਵਿਚ ਹੈਰਾਨ ਹੋਇਆ) ਇਹ ਮਨ ਕਦੇ (ਆਪਣੇ ਵਲੋਂ) ਹਉਮੈ ਤਿਆਗ ਕੇ (ਦੁਨੀਆ ਛੱਡ ਕੇ) ਵੈਰਾਗਵਾਨ ਬਣ ਜਾਂਦਾ ਹੈ,
19149	415	ਘਟਿ ਘਟਿ ਮਨਸਾ ਦੁਬਿਧਾ ਲਾਗੀ॥	(ਮਨਸਾ) ਇੱਛਾ	Ghatt Ghatt Manasaa Dhubidhhaa Laagee ||	Desire and duality afflict each and every heart.	ਕਦੇ ਹਰੇਕ ਸਰੀਰ ਵਿਚ (ਮਾਇਆ-ਵੇੜ੍ਹੇ ਮਨ ਨੂੰ) ਮਾਇਕ ਫੁਰਨਾ ਤੇ ਦੁਬਿਧਾ ਆ ਚੰਬੜਦੇ ਹਨ।
19150	415	ਰਾਮ ਰਸਾਇਣੁ ਗੁਰਮੁਖਿ ਚਾਖੈ॥	(ਰਸਾਇਣੁ) ਰਸਾਂ ਦੇ ਘਰ	Raam Rasaaein Guramukh Chaakhai ||	The Gurmukh drinks in the Lord's sublime essence;	ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਰਸਾਂ ਦਾ ਘਰ ਨਾਮ-ਰਸ ਚੱਖਦਾ ਹੈ,

19151	415	ਦਰਿ ਘਰਿ ਮਹਲੀ ਹਰਿ ਪਤਿ ਰਾਖੈ॥੫॥		Dhar Ghar Mehalee Har Path Raakhai ||5||	At His Door, in the Mansion of the Lord's Presence, He preserves his honor. ||5||	ਉਸ ਨੂੰ ਅੰਦਰ ਬਾਹਰ ਮਹਲ ਦਾ ਮਾਲਕ-ਪ੍ਰਭੂ (ਦਿੱਸਦਾ ਹੈ) ਜੋ (ਮਾਇਆ ਦੇ ਮੋਹ ਤੋਂ ਬਚਾ ਕੇ) ਉਸ ਦੀ ਇੱਜ਼ਤ ਰੱਖਦਾ ਹੈ ॥੫॥
19152	415	ਇਹੁ ਮਨੁ ਰਾਜਾ ਸੂਰ ਸੰਗ੍ਰਾਮਿ॥	(ਸੂਰ) ਸੂਰਮਾ। (ਸੰਗ੍ਰਾਮਿ) ਜੰਗ ਚ	Eihu Man Raajaa Soor Sangraam ||	This mind is the king, the hero of cosmic battles.	(ਮਾਇਆ ਦੇ ਮੋਹ ਵਿਚ ਹੈਰਾਨ ਹੋਇਆ) ਇਹ ਮਨ ਕਦੇ ਰਣ-ਭੂਮੀ ਵਿਚ ਰਾਜਾ ਤੇ ਸੂਰਮਾ ਬਣਿਆ ਪਿਆ ਹੈ।
19153	415	ਇਹੁ ਮਨੁ ਨਿਰਭਉ ਗੁਰਮੁਖਿ ਨਾਮਿ॥		Eihu Man Nirabho Guramukh Naam ||	The mind of the Gurmukh becomes fearless through the Naam.	ਪਰ ਜਦੋਂ ਇਹ ਮਨ ਗੁਰੂ ਦੀ ਸਰਨ ਪੈ ਕੇ ਪ੍ਰਭੂ ਦੇ ਨਾਮ ਵਿਚ ਜੁੜਦਾ ਹੈ ਤਾਂ (ਮਾਇਆ ਦੇ ਹੱਲਿਆਂ ਵਲੋਂ) ਨਿਡਰ ਹੋ ਜਾਂਦਾ ਹੈ,
19154	415	ਮਾਰੇ ਪੰਚ ਅਪੁਨੈ ਵਸਿ ਕੀਏ॥	ਵੱਸਿ	Maarae Panch Apunai Vas Keeeae ||	Overpowering and subduing the five passions,	ਕਾਮਾਦਿਕ ਪੰਜਾਂ (ਵੈਰੀਆਂ) ਨੂੰ ਮਾਰ ਦੇਂਦਾ ਹੈ, ਆਪਣੇ ਵੱਸ ਵਿਚ ਕਰ ਲੈਂਦਾ ਹੈ,
19155	415	ਹਉਮੈ ਗ੍ਰਾਸਿ ਇਕਤੁ ਥਾਇ ਕੀਏ॥੬॥	(ਗ੍ਰਾਸਿ) ਖਾ ਕੇ	Houmai Graas Eikath Thhaae Keeeae ||6||	Holding ego in its grip, it confines them to one place. ||6||	ਹਉਮੈ ਨੂੰ ਮੁਕਾ ਕੇ ਇਹਨਾਂ ਸਭਨਾਂ ਨੂੰ ਇਕੋ ਥਾਂ ਵਿਚ (ਕਾਬੂ) ਕਰ ਲੈਂਦਾ ਹੈ ॥੬॥
19156	415	ਗੁਰਮੁਖਿ ਰਾਗ ਸੁਆਦ ਅਨ ਤਿਆਗੇ॥	(ਰਾਗ) ਰਸ। (ਅਨ) ਹੋਰ	Guramukh Raag Suaadh An Thiaagae ||	The Gurmukh renounces other songs and tastes.	ਗੁਰੂ ਦੇ ਸਨਮੁਖ ਹੋਇਆ ਇਹ ਮਨ ਰਾਗ (ਦ੍ਵੈਖ) ਤੇ ਹੋਰ ਹੋਰ ਸੁਆਦ ਤਿਆਗ ਦੇਂਦਾ ਹੈ,

19157	415	ਗੁਰਮੁਖਿ ਇਹੁ ਮਨੁ ਭਗਤੀ ਜਾਗੇ॥		Guramukh Eihu Man Bhagathee Jaagae ||	The mind of the Gurmukh is awakened to devotion.	ਗੁਰੂ ਦੀ ਸਰਨ ਪੈ ਕੇ ਇਹ ਮਨ ਪਰਮਾਤਮਾ ਦੀ ਭਗਤੀ ਵਿਚ ਜੁੜ ਕੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਹੋ ਜਾਂਦਾ ਹੈ।
19158	415	ਅਨਹਦ ਸੁਣਿ ਮਾਨਿਆ ਸਬਦੁ ਵੀਚਾਰੀ॥		Anehadh Sun Maaniaa Sabadh Veechaaree ||	Hearing the unstruck music of the sound current, this mind contemplates the Shabad, and accepts it.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਂਦਾ ਹੈ, ਉਹ (ਅੰਦਰਲੇ ਆਤਮਕ ਖੇੜੇ ਦੇ) ਇਕ-ਰਸ (ਹੋ ਰਹੇ ਗੀਤ) ਨੂੰ ਸੁਣ ਸੁਣ ਕੇ (ਉਸ ਵਿਚ) ਗਿੱਝ ਜਾਂਦਾ ਹੈ,
19159	415	ਆਤਮੁ ਚੀਨ੍ਹਿ ਭਏ ਨਿਰੰਕਾਰੀ॥੭॥	(ਚੀਨ੍ਹਿ) ਜਾਣਕੇ	Aatham Cheenih Bheae Nirankaaree ||7||	Understanding itself, this soul becomes attuned to the Formless Lord. ||7||	ਆਪਣੇ ਆਪੇ ਨੂੰ ਖੋਜ ਕੇ ਪਰਮਾਤਮਾ ਰੂਪ ਹੋ ਜਾਂਦਾ ਹੈ ॥੭॥
19160	415	ਇਹੁ ਮਨੁ ਨਿਰਮਲੁ ਦਰਿ ਘਰਿ ਸੋਈ॥		Eihu Man Niramal Dhar Ghar Soee ||	This mind becomes immaculately pure, in the Court and the Home of the Lord.	(ਜਦੋਂ) ਇਹ ਮਨ (ਗੁਰੂ ਦੇ ਸਨਮੁਖ ਹੁੰਦਾ ਹੈ ਤਦੋਂ) ਪਵਿਤ੍ਰ ਹੋ ਜਾਂਦਾ ਹੈ, ਇਸ ਨੂੰ ਅੰਦਰ ਬਾਹਰ ਉਹ ਪਰਮਾਤਮਾ ਹੀ ਦਿੱਸਦਾ ਹੈ।
19161	415	ਗੁਰਮੁਖਿ ਭਗਤਿ ਭਾਉ ਧੁਨਿ ਹੋਈ॥		Guramukh Bhagath Bhaao Dhhun Hoee ||	The Gurmukh shows his love through loving devotional worship.	ਗੁਰੂ ਦੇ ਸਨਮੁਖ ਹੋ ਕੇ (ਇਸ ਮਨ ਦੇ ਅੰਦਰ) ਭਗਤੀ ਦੀ ਲਗਨ ਲੱਗ ਪੈਂਦੀ ਹੈ, (ਇਸ ਦੇ ਅੰਦਰ ਪ੍ਰਭੂ ਦਾ) ਪਿਆਰ (ਜਾਗ ਪੈਂਦਾ ਹੈ),

19162	415	ਅਹਿ ਨਿਸਿ ਹਰਿ ਜਸੁ ਗੁਰ ਪਰਸਾਦਿ॥		Ahinis Har Jas Gur Parasaadh ||	Night and day, by Guru's Grace, sing the Lord's Praises.	ਗੁਰੂ ਦੀ ਕ੍ਰਿਪਾ ਨਾਲ ਇਹ ਮਨ ਦਿਨ ਰਾਤ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ।
19163	415	ਘਟਿ ਘਟਿ ਸੋ ਪ੍ਰਭੁ ਆਦਿ ਜੁਗਾਦਿ॥੮॥	ਜੁੱਗਾਦਿ	Ghatt Ghatt So Prabh Aadh Jugaadh ||8||	God dwells in each and every heart, since the very beginning of time, and throughout the ages. ||8||	ਜੋ ਪਰਮਾਤਮਾ ਸਾਰੀ ਸ੍ਰਿਸ਼ਟੀ ਦਾ ਮੁੱਢ ਹੈ ਜੋ ਪਰਮਾਤਮਾ ਜੁਗਾਂ ਦੇ ਮੁੱਢ ਤੋਂ ਮੌਜੂਦ ਹੈ ਉਹ ਇਸ ਮਨ ਨੂੰ ਹਰੇਕ ਸਰੀਰ ਵਿਚ ਵੱਸਦਾ ਦਿੱਸ ਪੈਂਦਾ ਹੈ ॥੮॥
19164	415	ਰਾਮ ਰਸਾਇਣਿ ਇਹੁ ਮਨੁ ਮਾਤਾ॥	ਮੱਾਤਾ	Raam Rasaaein Eihu Man Maathaa ||	This mind is intoxicated with the sublime essence of the Lord;	ਗੁਰੂ ਦੇ ਸਨਮੁਖ ਹੋ ਕੇ ਇਹ ਮਨ ਰਸਾਂ ਦੇ ਘਰ ਨਾਮ-ਰਸ ਵਿਚ ਮਸਤ ਹੋ ਜਾਂਦਾ ਹੈ,
19165	415	ਸਰਬ ਰਸਾਇਣੁ ਗੁਰਮੁਖਿ ਜਾਤਾ॥		Sarab Rasaaein Guramukh Jaathaa ||	The Gurmukh realizes the essence of totality.	ਗੁਰੂ ਦੇ ਸਨਮੁਖ ਹੋਇਆ ਇਹ ਮਨ ਸਭ ਰਸਾਂ ਦੇ ਸੋਮੇ ਪ੍ਰਭੂ ਨੂੰ ਪਛਾਣ ਲੈਂਦਾ ਹੈ।
19166	415	ਭਗਤਿ ਹੇਤੁ ਗੁਰ ਚਰਣ ਨਿਵਾਸਾ॥	(ਹੇਤੁ) ਪ੍ਰੇਮ	Bhagath Haeth Gur Charan Nivaasaa ||	For the sake of devotional worship, he dwells at the Guru's Feet.	ਜਦੋਂ ਗੁਰੂ ਦੇ ਚਰਨਾਂ ਵਿਚ (ਇਸ ਮਨ ਦਾ) ਨਿਵਾਸ ਹੁੰਦਾ ਹੈ ਤਾਂ (ਇਸ ਦੇ ਅੰਦਰ ਪਰਮਾਤਮਾ ਦੀ) ਭਗਤੀ ਦਾ ਪ੍ਰੇਮ (ਜਾਗ ਪੈਂਦਾ ਹੈ)।
19167	415	ਨਾਨਕ ਹਰਿ ਜਨ ਕੇ ਦਾਸਨਿ ਦਾਸਾ॥੯॥੮॥		Naanak Har Jan Kae Dhaasan Dhaasaa ||9||8||	Nanak is the humble servant of the slave of the Lord's slaves. ||9||8||	ਹੇ ਨਾਨਕ! ਤਦੋਂ ਇਹ ਮਨ ਗੁਰਮੁਖਾਂ ਦੇ ਦਾਸਾਂ ਦਾ ਦਾਸ ਬਣ ਜਾਂਦਾ ਹੈ ॥੯॥੮॥
19168	416	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	ਰਾਗ ਆਸਾ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।

19169	416	ਤਨੁ ਬਿਨਸੈ ਧਨੁ ਕਾ ਕੋ ਕਹੀਐ॥	(ਬਿਨਸੈ) ਨਾਸ ਹੋਵੇ	Than Binasai Dhhan Kaa Ko Keheeai ||	When the body perishes, whose wealth is it?	ਜਦੋਂ ਮਨੁੱਖ ਦਾ ਸਰੀਰ ਬਿਨਸ ਜਾਂਦਾ ਹੈ ਤਦੋਂ (ਉਸ ਦਾ ਕਮਾਇਆ ਹੋਇਆ) ਧਨ ਉਸ ਦਾ ਨਹੀਂ ਕਿਹਾ ਜਾ ਸਕਦਾ (ਪਰਮਾਤਮਾ ਦਾ ਨਾਮ ਹੀ ਅਸਲ ਧਨ ਹੈ ਜੋ ਮਨੁੱਖਾ ਸਰੀਰ ਦੇ ਨਾਸ ਹੋਣ ਪਿਛੋਂ ਭੀ ਆਪਣੇ ਨਾਲ ਲੈ ਜਾ ਸਕਦਾ ਹੈ, ਪਰ),
19170	416	ਬਿਨੁ ਗੁਰ ਰਾਮ ਨਾਮੁ ਕਤ ਲਹੀਐ॥	ਕਤ:ਪੋਲਾ ਬੋਲੋ। (ਕਤ) ਕਿਵੇਂ	Bin Gur Raam Naam Kath Leheeai ||	Without the Guru, how can the Lord's Name be obtained?	ਪਰਮਾਤਮਾ ਦਾ ਨਾਮ-ਧਨ ਗੁਰੂ ਤੋਂ ਬਿਨਾ ਕਿਸੇ ਹੋਰ ਪਾਸੋਂ ਨਹੀਂ ਮਿਲ ਸਕਦਾ।
19171	416	ਰਾਮ ਨਾਮ ਧਨੁ ਸੰਗਿ ਸਖਾਈ॥	(ਸਖਾਈ) ਸਾਥੀ	Raam Naam Dhhan Sang Sakhaaee ||	The wealth of the Lord's Name is my Companion and Helper.	ਪਰਮਾਤਮਾ ਦਾ ਨਾਮ-ਧਨ ਹੀ ਮਨੁੱਖ ਦੇ ਨਾਲ ਅਸਲ ਸਾਥੀ ਹੈ।
19172	416	ਅਹਿ ਨਿਸਿ ਨਿਰਮਲੁ ਹਰਿ ਲਿਵ ਲਾਈ॥੧॥		Ahinis Niramal Har Liv Laaee ||1||	Night and day, center your loving attention on the Immaculate Lord. ||1||	ਜੇਹੜਾ ਮਨੁੱਖ ਦਿਨ ਰਾਤ ਆਪਣੀ ਸੁਰਤਿ ਪ੍ਰਭੂ (-ਚਰਨਾਂ) ਵਿਚ ਜੋੜਦਾ ਹੈ ਉਸ ਦਾ ਜੀਵਨ ਪਵਿਤ੍ਰ ਹੋ ਜਾਂਦਾ ਹੈ ॥੧॥
19173	416	ਰਾਮ ਨਾਮ ਬਿਨੁ ਕਵਨੁ ਹਮਾਰਾ ॥		Raam Naam Bin Kavan Hamaaraa ||	Without the Lord's Name, who is ours?	ਪਰਮਾਤਮਾ ਦੇ ਨਾਮ ਤੋਂ ਬਿਨਾ ਸਾਡਾ (ਜੀਵਾਂ ਦਾ) ਹੋਰ ਕੇਹੜਾ (ਸਦੀਵੀ ਮਿੱਤਰ) ਹੋ ਸਕਦਾ ਹੈ?

19174	416	ਸੁਖ ਦੁਖ ਸਮ ਕਰਿ ਨਾਮੁ ਨ ਛੋਡਉ ਆਪੇ ਬਖਸਿ ਮਿਲਾਵਣਹਾਰਾ॥੧॥ ਰਹਾਉ॥		Sukh Dhukh Sam Kar Naam N Shhoddo Aapae Bakhas Milaavanehaaraa ||1|| Rehaao ||	I look upon pleasure and pain alike; I shall not forsake the Naam, the Name of the Lord. The Lord Himself forgives me, and blends me with Himself. ||1||Pause||	(ਸੁਖ ਤੇ ਦੁਖ ਉਸੇ ਪ੍ਰਭੂ ਦੀ ਰਜ਼ਾ ਵਿਚ ਆਉਂਦੇ ਹਨ, ਇਸ ਵਾਸਤੇ) ਸੁਖ ਤੇ ਦੁਖ ਨੂੰ ਇਕੋ ਜਿਹਾ (ਉਸ ਦੀ ਰਜ਼ਾ ਸਮਝ ਕੇ) ਮੈਂ (ਕਦੇ) ਉਸ ਦਾ ਨਾਮ ਨਹੀਂ ਛੱਡਾਂਗਾ। (ਮੈਨੂੰ ਨਿਸਚਾ ਹੈ ਕਿ) ਪਰਮਾਤਮਾ ਆਪ ਹੀ ਮੇਹਰ ਕਰ ਕੇ (ਆਪਣੇ ਚਰਨਾਂ ਵਿਚ) ਜੋੜਨ ਵਾਲਾ ਹੈ ॥੧॥ ਰਹਾਉ ॥
19175	416	ਕਨਿਕ ਕਾਮਨੀ ਹੇਤੁ ਗਵਾਰਾ॥	(ਕਨਿਕ) ਸੋਨਾ। (ਕਾਮਨੀ) ਇਸਤ੍ਰੀ। (ਹੇਤੁ) ਮੋਹ। (ਗਵਾਰਾ) ਮੂਰਖ	Kanik Kaamanee Haeth Gavaaraa ||	The fool loves gold and women.	ਉਹ ਮੂਰਖ ਹਨ ਜੋ ਸੋਨੇ ਤੇ ਇਸਤ੍ਰੀ ਨਾਲ ਹੀ ਮੋਹ ਵਧਾ ਰਹੇ ਹਨ,
19176	416	ਦੁਬਿਧਾ ਲਾਗੇ ਨਾਮੁ ਵਿਸਾਰਾ॥	(ਦੁਬਿਧਾ) ਦੁਚਿੱਤੀ	Dhubidhhaa Laagae Naam Visaaraa ||	Attached to duality, he has forgotten the Naam.	ਤੇ ਪਰਮਾਤਮਾ ਦਾ ਨਾਮ ਭੁਲਾ ਕੇ ਭਟਕਣਾ ਵਿਚ ਪਏ ਹੋਏ ਹਨ।
19177	416	ਜਿਸੁ ਤੂੰ ਬਖਸਹਿ ਨਾਮੁ ਜਪਾਇ॥		Jis Thoon Bakhasehi Naam Japaae ||	O Lord, he alone chants the Naam, whom You have forgiven.	ਜਿਸ ਜੀਵ ਨੂੰ ਤੂੰ ਆਪਣਾ ਨਾਮ ਜਪਾ ਕੇ (ਨਾਮ ਦੀ ਦਾਤਿ) ਬਖ਼ਸ਼ਦਾ ਹੈਂ, ਉਹ ਤੇਰੇ ਗੁਣ ਗਾਂਦਾ ਹੈ,
19178	416	ਦੂਤੁ ਨ ਲਾਗਿ ਸਕੈ ਗੁਨ ਗਾਇ ॥੨॥	ਸਕੈ: ਪੋਲਾ ਬੋਲੋ	Dhooth N Laag Sakai Gun Gaae ||2||	Death cannot touch one who sings the Glorious Praises of the Lord. ||2||	ਤੇ ਜਮਦੂਤ ਉਸ ਦੇ ਨੇੜੇ ਨਹੀਂ ਢੁਕ ਸਕਦਾ ਆਤਮਕ ਮੌਤ ਉਸ ਦੇ ਨੇੜੇ ਨਹੀਂ ਢੁਕਦੀ ('ਕਨਿਕ ਕਾਮਨੀ ਹੇਤੁ' ਉਸ ਦੇ ਆਤਮਕ ਜੀਵਨ ਨੂੰ ਮਾਰ ਨਹੀਂ ਸਕਦਾ) ॥੨॥

19179	416	ਹਰਿ ਗੁਰੁ ਦਾਤਾ ਰਾਮ ਗੁਪਾਲਾ॥		Har Gur Dhaathaa Raam Gupaalaa ||	The Lord, the Guru, is the Giver; the Lord, the Sustainer of the World.	ਹੇ ਰਾਮ! ਹੇ ਹਰੀ! ਹੇ ਗੁਪਾਲ! ਤੂੰ ਹੀ ਸਭ ਤੋਂ ਵੱਡਾ ਦਾਤਾ ਹੈਂ।
19180	416	ਜਿਉ ਭਾਵੈ ਤਿਉ ਰਾਖੁ ਦਇਆਲਾ॥	ਦ-ਇਆਲਾ	Jio Bhaavai Thio Raakh Dhaeiaalaa ||	If it is pleasing to Your Will, please preserve me, O Merciful Lord.	ਜਿਵੇਂ ਤੈਨੂੰ ਚੰਗਾ ਲਗੇ ਤਿਵੇਂ, ਹੇ ਦਇਆਲ! ਮੈਨੂੰ ('ਕਨਿਕ ਕਾਮਨੀ ਹੇਤ' ਤੋਂ) ਬਚਾ ਲੈ।
19181	416	ਗੁਰਮੁਖਿ ਰਾਮੁ ਮੇਰੈ ਮਨਿ ਭਾਇਆ॥		Guramukh Raam Maerai Man Bhaaeiaa ||	As Gurmukh, my mind is pleased with the Lord.	ਗੁਰੂ ਦੀ ਸਰਨ ਪੈ ਕੇ ਪਰਮਾਤਮਾ (ਦਾ ਨਾਮ) ਮੇਰੇ ਮਨ ਵਿਚ ਪਿਆਰਾ ਲੱਗਾ ਹੈ,
19182	416	ਰੋਗ ਮਿਟੇ ਦੁਖੁ ਠਾਕਿ ਰਹਾਇਆ॥੩॥	ਦੁੱਖੁ (ਠਾਕਿ) ਰੋਕ ਕੇ, ਮਨ (ਰਹਾਇਆ) ਟਿਕਾਇਆ	Rog Mittae Dhukh Thaak Rehaaeiaa ||3||	My diseases are cured, and my pains are taken away. ||3||	ਮੇਰੇ (ਆਤਮਕ) ਰੋਗ ਮਿਟ ਗਏ ਹਨ (ਆਤਮਕ ਮੌਤ ਵਾਲਾ) ਦੁੱਖ ਮੈਂ ਰੋਕ ਲਿਆ ਹੈ ॥੩॥
19183	416	ਅਵਰੁ ਨ ਅਉਖਧੁ ਤੰਤ ਨ ਮੰਤਾ॥	(ਅਉਖਧੁ) ਦਵਾਈ। (ਤੰਤ ਨ ਮੰਤਾ) ਤੰਤ੍ਰ ਮੰਤ੍ਰ	Avar N Aoukhadhh Thanth N Manthaa ||	There is no other medicine, Tantric charm or mantra.	('ਕਨਿਕ ਕਾਮਨੀ ਹੇਤ' ਦੇ ਰੋਗ ਤੋਂ ਬਚਾਣ ਵਾਲਾ ਪ੍ਰਭੂ-ਨਾਮ ਤੋਂ ਬਿਨਾ) ਹੋਰ ਕੋਈ ਦਾਰੂ ਨਹੀਂ ਹੈ, ਕੋਈ ਮੰਤ੍ਰ ਨਹੀਂ ਹੈ।
19184	416	ਹਰਿ ਹਰਿ ਸਿਮਰਣੁ ਕਿਲਵਿਖ ਹੰਤਾ॥	(ਕਿਲਵਿਖ) ਪਾਪ (ਹੰਤਾ) ਨਾਸ ਕਰਦਾ	Har Har Simaran Kilavikh Hanthaa ||	Meditative remembrance upon the Lord, Har, Har, destroys sins.	ਪਰਮਾਤਮਾ ਦੇ ਨਾਮ ਦਾ ਸਿਮਰਨ ਹੀ ਸਾਰੇ ਪਾਪਾਂ ਦਾ ਨਾਸ ਕਰਨ ਵਾਲਾ ਹੈ।

19185	416	ਤੂੰ ਆਪਿ ਭੁਲਾਵਹਿ ਨਾਮੁ ਵਿਸਾਰਿ॥	ਜੀਵ (ਤੂੰ) ਆਪਜੀ ਨੂੰ (ਆਪਿ) ਹੰਕਾਰ ਕਰਕੇ। ਭੁਲਾਵ-ਹਿ	Thoon Aap Bhulaavehi Naam Visaar ||	You Yourself cause us to stray from the path, and forget the Naam.	ਹੇ ਪ੍ਰਭੂ! (ਅਸੀਂ ਜੀਵ ਕੀਹ ਕਰ ਸਕਦੇ ਹਾਂ?) ਤੂੰ ਆਪ ਸਾਡੇ ਮਨਾਂ ਤੋਂ (ਆਪਣਾ) ਨਾਮ ਭੁਲਾ ਕੇ ਸਾਨੂੰ ਕੁਰਾਹੇ ਪਾਂਦਾ ਹੈਂ,
19186	416	ਤੂੰ ਆਪੇ ਰਾਖਹਿ ਕਿਰਪਾ ਧਾਰਿ॥੪॥		Thoon Aapae Raakhehi Kirapaa Dhhaar ||4||	Showering Your Mercy, You Yourself save us. ||4||	ਤੇ ਤੂੰ ਆਪ ਹੀ ਮੇਹਰ ਕਰ ਕੇ ਸਾਨੂੰ ਵਿਕਾਰਾਂ ਤੋਂ ਬਚਾਂਦਾ ਹੈਂ ॥੪॥
19187	416	ਰੋਗੁ ਭਰਮੁ ਭੇਦੁ ਮਨਿ ਦੂਜਾ॥	(ਭਰਮੁ) ਭਟਕਣਾ। (ਭੇਦੁ) ਵਿੱਥ। (ਦੂਜਾ) ਦ੍ਵੈਤ	Rog Bharam Bhaedh Man Dhoojaa ||	The mind is diseased with doubt, superstition and duality.	ਉਹਨਾਂ ਨੂੰ ਇਹ ਰੋਗ ਹੈ, ਭਟਕਣਾ ਹੈ, ਪ੍ਰਭੂ ਨਾਲੋਂ ਵਿੱਥ ਹੈ, ਮੇਰ-ਤੇਰ ਹੈ,
19188	416	ਗੁਰ ਬਿਨੁ ਭਰਮਿ ਜਪਹਿ ਜਪੁ ਦੂਜਾ॥		Gur Bin Bharam Japehi Jap Dhoojaa ||	Without the Guru, it dwells in doubt, and contemplates duality.	ਜੋ ਗੁਰੂ ਦੀ ਸਰਨ ਤੋਂ ਬਿਨਾ ਜੇਹੜੇ ਮਨੁੱਖ ਕੁਰਾਹੇ ਪੈ ਕੇ ਦੂਜਾ ਜਪ ਜਪਦੇ ਹਨ।
19189	416	ਆਦਿ ਪੁਰਖ ਗੁਰ ਦਰਸ ਨ ਦੇਖਹਿ॥	(ਦੂਜਾ ਪਾਠ: ਦਰਸਨ)	Aadh Purakh Gur Dharasan Dhaekhehi ||	The Guru reveals the Darshan, the Blessed Vision of the Primal Lord.	ਜੇਹੜੇ ਮਨੁੱਖ ਕਦੇ ਗੁਰੂ ਦਾ ਦਰਸ਼ਨ ਨਹੀਂ ਕਰਦੇ ਸਭ ਦੇ ਮੁੱਢ ਸਰਬ-ਵਿਆਪਕ ਦਾ ਦਰਸ਼ਨ ਨਹੀਂ ਕਰਦੇ,
19190	416	ਵਿਣੁ ਗੁਰ ਸਬਦੈ ਜਨਮੁ ਕਿ ਲੇਖਹਿ॥੫॥		Vin Gur Sabadhai Janam K Laekhehi ||5||	Without the Word of the Guru's Shabad, what use is human life? ||5||	ਗੁਰੂ ਦੇ ਸ਼ਬਦ ਵਿਚ ਜੁੜਨ ਤੋਂ ਬਿਨਾ ਉਹਨਾਂ ਦਾ ਜਨਮ ਕਿਸੇ ਭੀ ਲੇਖੇ ਵਿਚ ਨਹੀਂ ਰਹਿ ਜਾਂਦਾ ॥੫॥
19191	416	ਦੇਖਿ ਅਚਰਜੁ ਰਹੇ ਬਿਸਮਾਦਿ॥	ਅ-ਚਰਜੁ	Dhaekh Acharaj Rehae Bisamaadh ||	Beholding the Marvellous Lord, I am wonder-struck and astonished.	(ਹੇ ਪ੍ਰਭੂ!) ਤੈਨੂੰ ਅਚਰਜ-ਰੂਪ ਨੂੰ ਵੇਖ ਕੇ ਅਸੀਂ ਜੀਵ ਹੈਰਾਨ ਹੁੰਦੇ ਹਾਂ।

19192	416	ਘਟਿ ਘਟਿ ਸੁਰ ਨਰ ਸਹਜ ਸਮਾਧਿ॥	(ਘਟਿ ਘਟਿ) ਹਰੇਕ ਹਿਰਦੇ ਚ। (ਸੁਰ) ਦੇਵਤੇ	Ghatt Ghatt Sur Nar Sehaj Samaadhh ||	In each and every heart, of the angels and holy men, He dwells in celestial Samaadhi.	ਤੂੰ ਹਰੇਕ ਸਰੀਰ ਵਿਚ ਮੌਜੂਦ ਹੈਂ, ਦੇਵਤਿਆਂ ਵਿਚ ਮਨੁੱਖਾਂ ਵਿਚ ਹਰੇਕ ਵਿਚ ਸੁਤੇ ਹੀ ਅਡੋਲ ਟਿਕਿਆ ਹੋਇਆ ਹੈਂ।
19193	416	ਭਰਿਪੁਰਿ ਧਾਰਿ ਰਹੇ ਮਨ ਮਾਹੀ॥	(ਭਰਿਪੁਰਿ) ਪੂਰਨ ਵਾਹਿਗੁਰੂ ਜੀ	Bharipur Dhhaar Rehae Man Maahee ||	I have enshrined the All-pervading Lord within my mind.	ਤੂੰ ਹਰੇਕ ਜੀਵ ਦੇ ਮਨ ਵਿਚ ਭਰਪੂਰ ਹੈਂ, ਤੇ ਹਰੇਕ ਨੂੰ ਸਹਾਰਾ ਦੇ ਰਿਹਾ ਹੈਂ।
19194	416	ਤੁਮ ਸਮਸਰਿ ਅਵਰੁ ਕੋ ਨਾਹੀ॥੬॥	(ਸਮਸਰਿ) ਬਰਾਬਰ	Thum Samasar Avar Ko Naahee ||6||	There is no one else equal to You. ||6||	ਤੇਰੇ ਬਰਾਬਰ ਹੋਰ ਕੋਈ ਨਹੀਂ ਹੈ ॥੬॥
19195	416	ਜਾ ਕੀ ਭਗਤਿ ਹੇਤੁ ਮੁਖਿ ਨਾਮੁ॥	(ਹੇਤੁ) ਪ੍ਰੇਮ	Jaa Kee Bhagath Haeth Mukh Naam ||	For the sake of devotional worship, we chant Your Name.	ਪਰਮਾਤਮਾ ਉਹਨਾਂ ਸੰਤਾਂ ਭਗਤਾਂ ਦੀ ਸੰਗਤਿ ਵਿਚ ਮਿਲਦਾ ਹੈ ਜਿਨ੍ਹਾਂ ਦੇ ਮੂੰਹ ਵਿਚ (ਸਦਾ ਉਸ ਦਾ) ਨਾਮ ਟਿਕਿਆ ਰਹਿੰਦਾ ਹੈ।
19196	416	ਸੰਤ ਭਗਤ ਕੀ ਸੰਗਤਿ ਰਾਮੁ॥		Santh Bhagath Kee Sangath Raam ||	The Lord's devotees dwell in the Society of the Saints.	ਉਹਨਾਂ ਸੰਤ ਜਨਾਂ ਦੇ ਹਿਰਦੇ ਵਿਚ ਉਸ ਪ੍ਰਭੂ ਦੀ ਭਗਤੀ ਵਾਸਤੇ ਪ੍ਰੇਮ ਹੈ ਖਿੱਚ ਹੈ।
19197	416	ਬੰਧਨ ਤੋਰੇ ਸਹਜਿ ਧਿਆਨੁ॥		Bandhhan Thorae Sehaj Dhhiaan ||	Breaking his bonds, one comes to meditate on the Lord.	ਅਡੋਲ ਅਵਸਥਾ ਵਿਚ (ਟਿਕ ਕੇ, ਪ੍ਰਭੂ ਦਾ) ਧਿਆਨ (ਧਰ ਕੇ ਸੰਤ ਜਨ 'ਕਨਿਕ ਕਾਮਨੀ' ਵਾਲੇ) ਬੰਧਨ ਤੋੜ ਲੈਂਦੇ ਹਨ।

19198	416	ਛੂਟੈ ਗੁਰਮੁਖਿ ਹਰਿ ਗੁਰ ਗਿਆਨੁ॥੭॥		Shhoottai Guramukh Har Gur Giaan ||7||	The Gurmukhs are emancipated, by the Guru-given knowledge of the Lord. ||7||	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਜਿਸ ਦੇ ਅੰਦਰ ਗੁਰੂ ਦਾ ਦਿੱਤਾ ਰੱਬੀ ਗਿਆਨ ਪਰਗਟ ਹੁੰਦਾ ਹੈ ਉਹ ਭੀ ਇਹਨਾਂ ਬੰਧਨਾਂ ਤੋਂ ਮੁਕਤ ਹੋ ਜਾਂਦਾ ਹੈ ॥੭॥
19199	416	ਨਾ ਜਮਦੂਤ ਦੂਖੁ ਤਿਸੁ ਲਾਗੈ॥		Naa Jamadhooth Dhookh This Laagai ||	The Messenger of Death cannot touch him with pain;	ਉਹ ਮਨੁੱਖ ਨੂੰ ਜਮਦੂਤਾਂ ਦਾ ਦੁੱਖ ਪੋਹ ਨਹੀਂ ਸਕਦਾ (ਮੌਤ ਦਾ ਡਰ, ਆਤਮਕ ਮੌਤ ਉਸ ਦੇ ਨੇੜੇ ਨਹੀਂ ਢੁੱਕਦੀ),
19200	416	ਜੋ ਜਨੁ ਰਾਮ ਨਾਮਿ ਲਿਵ ਜਾਗੈ॥		Jo Jan Raam Naam Liv Jaagai ||	The Lord's humble servant remains awake to the Love of the Naam.	ਜੇਹੜਾ ਮਨੁੱਖ ਪਰਮਾਤਮਾ ਦੇ ਨਾਮ ਵਿਚ ਲਿਵ ਲਾ ਲਵੇ।
19201	416	ਭਗਤਿ ਵਛਲੁ ਭਗਤਾ ਹਰਿ ਸੰਗਿ॥	(ਵਛਲੁ) ਪਿਆਰਾ	Bhagath Vashhal Bhagathaa Har Sang ||	The Lord is the Lover of His devotees; He dwells with His devotees.	ਭਗਤੀ ਨਾਲ ਪਿਆਰ ਕਰਨ ਵਾਲਾ ਪਰਮਾਤਮਾ ਆਪਣੇ ਭਗਤਾਂ ਦੇ ਅੰਗ-ਸੰਗ ਰਹਿੰਦਾ ਹੈ।
19202	416	ਨਾਨਕ ਮੁਕਤਿ ਭਏ ਹਰਿ ਰੰਗਿ॥੮॥੯॥		Naanak Mukath Bheae Har Rang ||8||9||	O Nanak, they are liberated, through the Love of the Lord. ||8||9||	ਹੇ ਨਾਨਕ! ਪ੍ਰਭੂ ਦੇ ਭਗਤ ਪ੍ਰਭੂ ਦੇ ਪਿਆਰ-ਰੰਗ ਵਿਚ (ਰੰਗੀਜ ਕੇ, ਬੰਧਨਾਂ ਤੋਂ) ਆਜ਼ਾਦ ਹੋ ਜਾਂਦੇ ਹਨ ॥੮॥੯॥
19203	416	ਆਸਾ ਮਹਲਾ ੧ ਇਕਤੁਕੀ॥	ਇੱਕਤੁਕੀ	Aasaa Mehalaa 1 Eikathukee ||	Aasaa, First Mehl, Ik-Tukee:	

19204	416	ਗੁਰੁ ਸੇਵੇ ਸੋ ਠਾਕੁਰ ਜਾਨੈ॥		Gur Saevae So Thaakur Jaanai ||	One who serves the Guru, knows his Lord and Master.	ਜੇਹੜਾ ਮਨੁੱਖ ਗੁਰੂ ਦੇ ਦੱਸੇ ਅਨੁਸਾਰ ਪਰਮਾਤਮਾ ਦਾ ਸਿਮਰਨ ਕਰਦਾ ਹੈ, ਉਹ ਪਰਮਾਤਮਾ ਨੂੰ (ਹਰ ਥਾਂ ਵਿਆਪਕ) ਜਾਣ ਲੈਂਦਾ ਹੈ,
19205	416	ਦੂਖੁ ਮਿਟੈ ਸਚੁ ਸਬਦਿ ਪਛਾਨੈ॥੧॥		Dhookh Mittai Sach Sabadh Pashhaanai ||1||	His pains are erased, and he realizes the True Word of the Shabad. ||1||	ਉਹ ਮਨੁੱਖ ਸਦਾ-ਥਿਰ ਪ੍ਰਭੂ ਨੂੰ ਗੁਰੂ ਦੇ ਸ਼ਬਦ ਦੀ ਰਾਹੀਂ (ਹਰ ਥਾਂ) ਪਛਾਣ ਲੈਂਦਾ ਹੈ, ਤੇ (ਇਸ ਤਰ੍ਹਾਂ ਉਸ ਦਾ ਮੋਹ ਦਾ) ਦੁੱਖ ਮਿਟ ਜਾਂਦਾ ਹੈ ॥੧॥
19206	416	ਰਾਮੁ ਜਪਹੁ ਮੇਰੀ ਸਖੀ ਸਖੈਨੀ॥	(ਸਖੈਨੀ) ਪਿਆਰੀ	Raam Japahu Maeree Sakhee Sakhainee ||	Meditate on the Lord, O my friends and companions.	ਹੇ ਮੇਰੀ ਸਹੇਲੀਹੋ! (ਹੇ ਮੇਰੇ ਸਤਸੰਗੀਓ!) ਪਰਮਾਤਮਾ ਦਾ ਨਾਮ ਜਪੋ,
19207	416	ਸਤਿਗੁਰੁ ਸੇਵਿ ਦੇਖਹੁ ਪ੍ਰਭੁ ਨੈਨੀ॥੧॥ਰਹਾਉ॥	(ਨੈਨੀ) ਅੱਖਾਂ ਨਾਲ	Sathigur Saev Dhaekhahu Prabh Nainee ||1|| Rehaao ||	Serving the True Guru, you shall behold God with your eyes. ||1||Pause||	ਗੁਰੂ ਦੀ ਦੱਸੀ ਹੋਈ (ਇਹ) ਸੇਵਾ ਕਰ ਕੇ (ਭਾਵ, ਗੁਰੂ ਦੀ ਸਿੱਖਿਆ ਅਨੁਸਾਰ ਪ੍ਰਭੂ ਦਾ ਭਜਨ ਕਰ ਕੇ) ਤੁਸੀ (ਹਰ ਥਾਂ) ਪਰਮਾਤਮਾ ਦਾ ਦਰਸ਼ਨ ਕਰੋਗੇ ॥੧॥ ਰਹਾਉ ॥
19208	416	ਬੰਧਨ ਮਾਤ ਪਿਤਾ ਸੰਸਾਰਿ॥		Bandhhan Maath Pithaa Sansaar ||	People are entangled with mother, father and the world.	(ਪਰਮਾਤਮਾ ਦਾ ਸਿਮਰਨ ਕਰਨ ਤੋਂ ਬਿਨਾ) ਸੰਸਾਰ ਵਿਚ ਮਾਂ, ਪਿਉ, ਬੰਧਨਾਂ ਦਾ ਕਾਰਣ ਬਣ ਜਾਂਦੇ ਹਨ,
19209	416	ਬੰਧਨ ਸੁਤ ਕੰਨਿਆ ਅਰੁ ਨਾਰਿ॥੨॥		Bandhhan Suth Kanniaa Ar Naar ||2||	They are entangled with sons, daughters and spouses. ||2||	ਤੇ ਪੁੱਤਰ, ਧੀ ਅਤੇ ਵਹੁਟੀ (ਮੋਹ ਦੇ) ਵੀ ਬੰਧਨਾਂ ਦਾ ਕਾਰਣ ਬਣ ਜਾਂਦੇ ਹਨ ॥੨॥

19210	416	ਬੰਧਨ ਕਰਮ ਧਰਮ ਹਉ ਕੀਆ॥	(ਹਉ) ਹਉਮੈ	Bandhhan Karam Dhharam Ho Keeaa ||	They are entangled with religious rituals, and religious faith, acting in ego.	(ਸਿਮਰਨ ਤੋਂ ਬਿਨਾ) ਧਾਰਮਿਕ ਰਸਮਾਂ ਬੰਧਨ ਬਣ ਜਾਂਦੀਆਂ ਹਨ, (ਮਨੁੱਖ ਮਾਣ ਕਰਦਾ ਹੈ ਕਿ ਇਹ ਸਭ ਕੁਝ) 'ਮੈਂ ਕੀਤਾ ਹੈ, ਮੈਂ ਕੀਤਾ ਹੈ'।
19211	416	ਬੰਧਨ ਪੁਤੁ ਕਲਤੁ ਮਨਿ ਬੀਆ॥੩॥	(ਕ-ਲੱਤੁ) ਇਸਤ੍ਰੀ। (ਬੀਆ) ਦੂਜਾ ਵਾਹਿਗੁਰੂ ਜੀ ਬਿਨਾ	Bandhhan Puth Kalath Man Beeaa ||3||	They are entangled with sons, wives and others in their minds. ||3||	ਜੇ ਮਨ ਵਿਚ (ਪਰਮਾਤਮਾ ਤੋਂ ਬਿਨਾ ਕੋਈ ਹੋਰ) ਦੂਜਾ ਪ੍ਰੇਮ ਹੈ, ਤਾਂ ਪੁੱਤਰ ਵਹੁਟੀ (ਦਾ ਰਿਸ਼ਤਾ ਭੀ) ਬੰਧਨਾਂ (ਦਾ ਮੂਲ ਹੋ ਜਾਂਦਾ) ਹੈ ॥੩॥
19212	416	ਬੰਧਨ ਕਿਰਖੀ ਕਰਹਿ ਕਿਰਸਾਨ॥	(ਕਿਰਖੀ) ਖੇਤੀ	Bandhhan Kirakhee Karehi Kirasaan ||	The farmers are entangled by farming.	ਕਿਸਾਨ (ਆਜੀਵਕਾ ਵਾਸਤੇ) ਖੇਤੀ-ਵਾਹੀ ਕਰਦੇ ਹਨ (ਕਰਨੀ ਭੀ ਚਾਹੀਦੀ ਹੈ, ਪਰ ਸਿਮਰਨ ਤੋਂ ਬਿਨਾ ਇਹ ਖੇਤੀ-ਵਾਹੀ) ਬੰਧਨ ਬਣ ਜਾਂਦੀ ਹੈ।
19213	416	ਹਉਮੈ ਡੰਨੁ ਸਹੈ ਰਾਜਾ ਮੰਗੈ ਦਾਨ॥੪॥	(ਦਾਨ) ਮਾਮਲਾ	Houmai Ddann Sehai Raajaa Mangai Dhaan ||4||	People suffer punishment in ego, and the Lord King exacts the penalty from them. ||4||	ਰਾਜਾ (ਕਿਸਾਨਾਂ ਪਾਸੋਂ) ਮਾਮਲਾ ਲੈਂਦਾ ਹੈ, (ਪਰ ਪਰਮਾਤਮਾ ਦੇ ਸਿਮਰਨ ਤੋਂ ਬਿਨਾ ਰਾਜਾ) ਹਉਮੈ ਦੀ ਸਜ਼ਾ ਭੁਗਤਦਾ ਹੈ ॥੪॥
19214	416	ਬੰਧਨ ਸਉਦਾ ਅਣਵੀਚਾਰੀ॥	ਨਾਮ ਦੇ (ਅਣ-ਵੀਚਾਰੀ) ਵੀਚਾਰ ਬਿਨਾ ਹੋਰ ਸਾਰਾ ਮਾਇਕੀ ਧੰਧੇ ਰੂਪੀ ਸਉਦਾ ਬੰਧਨ ਹੈ	Bandhhan Soudhaa Anaveechaaree ||	They are entangled in trade without contemplation.	ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ ਵਪਾਰੀ ਦਾ ਵਪਾਰ ਬੰਧਨਾਂ ਦਾ ਮੂਲ ਹੈ,

19215	416	ਤਿਪਤਿ ਨਾਹੀ ਮਾਇਆ ਮੋਹ ਪਸਾਰੀ॥੫॥		Thipath Naahee Maaeiaa Moh Pasaaree ||5||	They are not satisfied by attachment to the expanse of Maya. ||5||	(ਕਿਉਂਕਿ ਸਿਮਰਨ ਤੋਂ ਬਿਨਾ ਮਨੁੱਖ) ਮਾਇਆ ਦੇ ਮੋਹ ਦੇ ਖਿਲਾਰੇ ਵਿਚ (ਇਤਨਾ ਫਸਦਾ ਹੈ ਕਿ ਮਾਇਆ ਵਲੋਂ) ਰੱਜਦਾ ਨਹੀਂ ॥੫॥
19216	416	ਬੰਧਨ ਸਾਹ ਸੰਚਹਿ ਧਨੁ ਜਾਇ॥	(ਸਾਹ) ਸ਼ਾਹੂਕਾਰ। (ਸੰਚਹਿ) ਇਕੱਠਾ ਕਰਦੇ	Bandhhan Saah Sanchehi Dhhan Jaae ||	They are entangled with that wealth, amassed by bankers.	ਸ਼ਾਹ-ਸੌਦਾਗਰ (ਸੌਦਾਗਰੀ ਕਰ ਕੇ) ਧਨ ਇਕੱਠਾ ਕਰਦੇ ਹਨ, ਧਨ (ਆਖ਼ਰ) ਸਾਥ ਛੱਡ ਜਾਂਦਾ ਹੈ (ਪਰ ਨਾਮ ਸਿਮਰਨ ਤੋਂ ਬਿਨਾ ਧਨ) ਬੰਧਨ ਬਣ ਜਾਂਦਾ ਹੈ।
19217	416	ਬਿਨੁ ਹਰਿ ਭਗਤਿ ਨ ਪਵਈ ਥਾਇ॥੬॥	ਪਵਈ	Bin Har Bhagath N Pavee Thhaae ||6||	Without devotion to the Lord, they do not become acceptable. ||6||	ਪਰਮਾਤਮਾ ਦੀ ਭਗਤੀ ਤੋਂ ਬਿਨਾ (ਉਹਨਾਂ ਦਾ ਕੋਈ ਉੱਦਮ ਪਰਮਾਤਮਾ ਦੀਆਂ ਨਜ਼ਰਾਂ ਵਿਚ) ਪਰਵਾਨ ਨਹੀਂ ਹੁੰਦਾ ॥੬॥
19218	416	ਬੰਧਨ ਬੇਦੁ ਬਾਦੁ ਅਹੰਕਾਰ॥	(ਬਾਦੁ) ਝਗੜਾ	Bandhhan Baedh Baadh Ahankaar ||	They are entangled with the Vedas, religious discussions and egotism.	(ਸਿਮਰਨ ਤੋਂ ਬਿਨਾ) ਵੇਦ-ਪਾਠ ਤੇ ਵੇਦ-ਰਚਨਾ ਭੀ ਅਹੰਕਾਰ ਪੈਦਾ ਕਰਦਾ ਹਨ ਤੇ ਬੰਧਨਾਂ ਦਾ ਮੂਲ ਹਨ।
19219	416	ਬੰਧਨਿ ਬਿਨਸੈ ਮੋਹ ਵਿਕਾਰ॥੭॥	(ਬਿਨਸੈ) ਨਾਸ ਹੁੰਦਾ	Bandhhan Binasai Moh Vikaar ||7||	They are entangled, and perish in attachment and corruption. ||7||	ਮੋਹ ਦੇ ਬੰਧਨ ਵਿਚ ਵਿਕਾਰਾਂ ਦੇ ਬੰਧਨ ਵਿਚ (ਫਸ ਕੇ) ਮਨੁੱਖ ਦੀ ਆਤਮਕ ਮੌਤ ਹੋ ਜਾਂਦੀ ਹੈ ॥੭॥
19220	416	ਨਾਨਕ ਰਾਮ ਨਾਮ ਸਰਣਾਈ॥		Naanak Raam Naam Saranaaee ||	Nanak seeks the Sanctuary of the Lord's Name.	ਹੇ ਨਾਨਕ! ਜੇਹੜੇ ਮਨੁੱਖ (ਦੁਨੀਆ ਦੀ ਹਰੇਕ ਕਿਸਮ ਦੀ ਕਿਰਤ-ਕਾਰ ਵਿਚ) ਪਰਮਾਤਮਾ ਦੇ ਨਾਮ ਦਾ ਆਸਰਾ ਲੈਂਦੇ ਹਨ,

19221	416	ਸਤਿਗੁਰਿ ਰਾਖੇ ਬੰਧੁ ਨ ਪਾਈ॥੮॥੧੦॥		Sathigur Raakhae Bandhh N Paaee ||8||10||	One who is saved by the True Guru, does not suffer entanglement. ||8||10||	ਸਤਿਗੁਰੂ ਨੇ ਉਹਨਾਂ ਨੂੰ ਮੋਹ ਦੇ ਬੰਧਨਾਂ ਤੋਂ ਰੱਖ ਲਿਆ (ਸਮਝੋ) ਉਹਨਾਂ ਨੂੰ ਕੋਈ ਬੰਧਨ ਨਹੀਂ ਪੈਂਦਾ ॥੮॥੧੦॥
19222	417	ਰਾਗੁ ਆਸਾ ਮਹਲਾ ੧ ਅਸਟਪਦੀਆ ਘਰੁ ੩	ਅਸਟਪਦੀ: ਸ ਪੈਰ ਬਿੰਦੀ ਨ ਲਾਉ	Raag Aasaa Mehalaa 1 Asattapadheeaa Ghar 3	Raag Aasaa, First Mehl, Ashtapadees, Third House:	ਰਾਗ ਆਸਾ, ਘਰ ੩ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
19223	417	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
19224	417	ਜਿਨ ਸਿਰਿ ਸੋਹਨਿ ਪਟੀਆ ਮਾਂਗੀ ਪਾਇ ਸੰਧੂਰੁ॥	ਪੱਟੀਆਂ	Jin Sir Sohan Patteeaa Maangee Paae Sandhhoor ||	Those heads adorned with braided hair, with their parts painted with vermillion	ਜਿਨ੍ਹਾਂ (ਸੁੰਦਰੀਆਂ) ਦੇ ਸਿਰ ਉਤੇ ਕੇਸਾਂ ਦੇ ਵਿਚਕਾਰਲੇ ਚੀਰ ਵਿਚ ਸੰਧੂਰ ਪਾ ਕੇ (ਕਾਲੇ ਕੇਸਾਂ ਦੀਆਂ) ਪੱਟੀਆਂ (ਹੁਣ ਤਕ) ਸੋਭਦੀਆਂ ਆ ਰਹੀਆਂ ਸਨ,
19225	417	ਸੇ ਸਿਰ ਕਾਤੀ ਮੁੰਨੀਅਨ੍ਹਿ ਗਲ ਵਿਚਿ ਆਵੈ ਧੂੜਿ॥	(ਕਾਤੀ) ਕੈਂਚੀ ਨਾਲ। ਗਲ਼ ਧੂੜ੍ਹਿ	Sae Sir Kaathee Munneeanih Gal Vich Aavai Dhhoorr ||	Those heads were shaved with scissors, and their throats were choked with dust.	ਉਹਨਾਂ ਦੇ ਸਿਰ ਕੈਂਚੀ ਨਾਲ ਮੁਨੇ ਜਾ ਰਹੇ ਹਨ ਤੇ ਉਹਨਾਂ ਦੇ ਗਲ ਵਿੱਚ ਮਿੱਟੀ ਪੈ ਰਹੀ ਹੈ।

19226	417	ਮਹਲਾ ਅੰਦਰਿ ਹੋਦੀਆ ਹੁਣਿ ਬਹਣਿ ਨ ਮਿਲਨਿ ਹਦੂਰਿ॥੧॥	ਮਹਲਾਂ ਦੇ (ਹਦੂਰਿ) ਨੇੜੇ ਭੀ	Mehalaa Andhar Hodheeaa Hun Behan N Milanih Hadhoor ||1||	They lived in palatial mansions, but now, they cannot even sit near the palaces. ||1||	ਜੇਹੜੀਆਂ ਪਹਿਲਾਂ ਆਪਣੇ ਮਹਲਾਂ ਵਿਚ ਵੱਸਦੀਆਂ ਸਨ, ਹੁਣ ਉਹਨਾਂ ਨੂੰ ਉਹਨਾਂ ਮਹਲਾਂ ਦੇ ਕਿਤੇ ਨੇੜੇ ਭੀ ਢੁਕਣ ਨਹੀਂ ਦਿੱਤਾ ਜਾਂਦਾ ॥੧॥
19227	417	ਆਦੇਸੁ ਬਾਬਾ ਆਦੇਸੁ॥		Aadhaes Baabaa Aadhaes ||	Hail to You, O Father Lord, Hail to You!	ਹੇ ਅਕਾਲ ਪੁਰਖ! ਨਮਸਕਾਰ ਤੈਨੂੰ ਨਮਸਕਾਰ ਹੈ!
19228	417	ਆਦਿ ਪੁਰਖ ਤੇਰਾ ਅੰਤੁ ਨ ਪਾਇਆ ਕਰਿ ਕਰਿ ਦੇਖਹਿ ਵੇਸ॥੧॥ਰਹਾਉ॥	(ਵੇਸ) ਭੇਖ	Aadh Purakh Thaeraa Anth N Paaeiaa Kar Kar Dhaekhehi Vaes ||1|| Rehaao ||	O Primal Lord. Your limits are not known; You create, and create, and behold the scenes. ||1||Pause||	ਹੇ ਆਦਿ ਪੁਰਖ! (ਤੇਰੇ ਭਾਣਿਆਂ ਦਾ ਸਾਨੂੰ) ਭੇਤ ਨਹੀਂ ਮਿਲਦਾ। ਤੂੰ ਇਹ ਭਾਣੇ ਆਪ ਹੀ ਕਰ ਕੇ ਆਪ ਹੀ ਵੇਖ ਰਿਹਾ ਹੈਂ ॥੧॥ ਰਹਾਉ ॥
19229	417	ਜਦਹੁ ਸੀਆ ਵੀਆਹੀਆ ਲਾੜੇ ਸੋਹਨਿ ਪਾਸਿ॥		Jadhahu Seeaa Veeaaheeaa Laarrae Sohan Paas ||	When they were married, their husbands looked so handsome beside them.	ਜਦੋਂ ਉਹ ਸੁੰਦਰੀਆਂ ਵਿਆਹੀਆਂ ਆਈਆਂ ਸਨ, ਉਹਨਾਂ ਦੇ ਕੋਲ ਉਹਨਾਂ ਦੇ ਲਾੜੇ ਸੋਹਣੇ ਲੱਗ ਰਹੇ ਸਨ,
19230	417	ਹੀਡੋਲੀ ਚੜਿ ਆਈਆ ਦੰਦ ਖੰਡ ਕੀਤੇ ਰਾਸਿ॥	(ਹੀਡੋਲੀ) ਸੁਖਪਾਲਕੀ, ਹਾਥੀ ਦੰਦਾਂ ਦੇ (ਖੰਡ) ਟੁਕੜਿਆਂ ਨਾਲ (ਰਾਸਿ) ਸਜਾਈ। ਚੜ੍ਹਿ	Heeddolee Charr Aaeeaa Dhandh Khandd Keethae Raas ||	They came in palanquins, decorated with ivory;	ਉਹ ਪਾਲਕੀਆਂ ਵਿਚ ਚੜ੍ਹ ਕੇ ਆਈਆਂ ਸਨ, (ਉਹਨਾਂ ਦੀਆਂ ਬਾਹਾਂ ਉਤੇ) ਹਾਥੀ-ਦੰਦ ਦੇ ਚੂੜੇ ਸਜੇ ਹੋਏ ਸਨ।

19231	417	ਉਪਰਹੁ ਪਾਣੀ ਵਾਰੀਐ ਝਲੇ ਝਿਮਕਨਿ ਪਾਸਿ॥੨॥	ਸ਼ੀਸ਼ਿਆਂ ਜੜੇ (ਝੱਲੇ) ਪੱਖੇ (ਝਿਮਕਨਿ) ਚਮਕ ਰਹੇ ਸੀ ਕੋਲ। ਉੱਪਰਹੁ	Ouparahu Paanee Vaareeai Jhalae Jhimakan Paas ||2||	Water was sprinkled over their heads, and glittering fans were waved above them. ||2||	(ਸਹੁਰੇ-ਘਰ ਆਈਆਂ ਦੇ) ਉਤੋਂ ਦੀ (ਸਗਨਾਂ ਦਾ) ਪਾਣੀ ਵਾਰਿਆ ਜਾਂਦਾ ਸੀ, (ਸ਼ੀਸ਼ਿਆਂ-ਜੜੇ) ਪੱਖੇ ਉਹਨਾਂ ਦੇ ਕੋਲ (ਉਹਨਾਂ ਦੇ ਹੱਥਾਂ ਵਿਚ) ਲਿਸ਼ਕ ਰਹੇ ਸਨ ॥੨॥
19232	417	ਇਕੁ ਲਖੁ ਲਹਨਿ ਬਹਿਠੀਆ ਲਖੁ ਲਹਨਿ ਖੜੀਆ॥	ਲੱਖੁ। ਲਹ–ਨਿ। ਬਹਿ–ਠੀਆ। ਖੜ੍ਹੀਆਂ	Eik Lakh Lehanih Behitheeaa Lakh Lehanih Kharreeaa ||	They were given hundreds of thousands of coins when they sat, and hundreds of thousands of coins when they stood.	(ਸਹੁਰੇ-ਘਰ ਆ ਕੇ) ਬੈਠੀਆਂ ਉਹ ਇਕ ਇਕ ਲੱਖ ਰੁਪਈਆ (ਸਗਨਾਂ ਦਾ) ਲੈਂਦੀਆਂ ਸਨ, ਖਲੋਤੀਆਂ ਭੀ ਲੈਂਦੀਆਂ ਸਨ।
19233	417	ਗਰੀ ਛੁਹਾਰੇ ਖਾਂਦੀਆ ਮਾਣਨਿ ਸੇਜੜੀਆ॥		Garee Shhuhaarae Khaandheeaa Maananih Saejarreeaa ||	They ate coconuts and dates, and rested comfortably upon their beds.	ਗਰੀ-ਛੁਹਾਰੇ ਖਾਂਦੀਆਂ ਸਨ, ਤੇ ਸੋਹਣੀਆਂ ਸੇਜਾਂ ਮਾਣਦੀਆਂ ਸਨ।
19234	417	ਤਿਨ ਗਲਿ ਸਿਲਕਾ ਪਾਈਆ ਤੁਟਨਿ ਮੋਤ ਸਰੀਆ॥੩॥	(ਸਿਲਕਾ) ਫਾਹੀਆਂ। (ਮੋਤ)ਮੋਤੀਆਂ ਦੀਆਂ(ਸਰੀਆ)ਲੜੀਆਂ। ਗਲਿ: ਪੋਲਾ ਬੋਲੋ	Thinh Gal Silakaa Paaeeaa Thuttanih Mothasareeaa ||3||	But ropes were put around their necks, and their strings of pearls were broken. ||3||	(ਅੱਜ) ਉਹਨਾਂ ਦੇ ਗਲ ਵਿਚ (ਜ਼ਾਲਮਾਂ ਨੇ) ਰੱਸੀਆਂ ਪਾਈਆਂ ਹੋਈਆਂ ਹਨ, ਉਹਨਾਂ ਦੇ (ਗਲ ਪਏ) ਮੋਤੀਆਂ ਦੇ ਹਾਰ ਟੁੱਟ ਰਹੇ ਹਨ ॥੩॥

19235	417	ਧਨੁ ਜੋਬਨੁ ਦੁਇ ਵੈਰੀ ਹੋਏ ਜਿਨ੍ਹੀ ਰਖੇ ਰੰਗੁ ਲਾਇ॥	(ਰੰਗੁ) ਮੌਜਾਂ	Dhhan Joban Dhue Vairee Hoeae Jinhee Rakhae Rang Laae ||	Their wealth and youthful beauty, which gave them so much pleasure, have now become their enemies.	(ਉਹਨਾਂ ਦਾ) ਧਨ ਤੇ ਜੋਬਨ, ਜਿਨ੍ਹਾਂ ਨੇ ਉਹਨਾਂ ਸੁੰਦਰੀਆਂ ਨੂੰ ਨਸ਼ਾ ਚਾੜ੍ਹਿਆ ਹੋਇਆ ਸੀ, ਅੱਜ ਦੋਵੇਂ ਹੀ ਉਹਨਾਂ ਦੇ ਵੈਰੀ ਬਣੇ ਹੋਏ ਹਨ।
19236	417	ਦੂਤਾ ਨੋ ਫੁਰਮਾਇਆ ਲੈ ਚਲੇ ਪਤਿ ਗਵਾਇ॥	ਚੱਲੇ	Dhoothaa No Furamaaeiaa Lai Chalae Path Gavaae ||	The order was given to the soldiers, who dishonored them, and carried them away.	(ਬਾਬਰ ਨੇ) ਜ਼ਾਲਮ ਸਿਪਾਹੀਆਂ ਨੂੰ ਹੁਕਮ ਦੇ ਰੱਖਿਆ ਹੈ, ਉਹ ਉਹਨਾਂ ਦੀ ਇੱਜ਼ਤ ਗਵਾ ਕੇ ਉਹਨਾਂ ਨੂੰ ਲੈ ਜਾ ਰਹੇ ਹਨ।
19237	417	ਜੇ ਤਿਸੁ ਭਾਵੈ ਦੇ ਵਡਿਆਈ ਜੇ ਭਾਵੈ ਦੇਇ ਸਜਾਇ॥੪॥		Jae This Bhaavai Dhae Vaddiaaee Jae Bhaavai Dhaee Sajaae ||4||	If it is pleasing to God's Will, He bestows greatness; if is pleases His Will, He bestows punishment. ||4||	(ਜੀਵਾਂ ਦੇ ਕੁਝ ਵੱਸ ਨਹੀਂ) ਜੇ ਉਸ ਪਰਮਾਤਮਾ ਨੂੰ ਚੰਗਾ ਲੱਗੇ ਤਾਂ (ਆਪਣੇ ਪੈਦਾ ਕੀਤੇ ਜੀਵਾਂ ਨੂੰ) ਵਡਿਆਈ-ਆਦਰ ਦੇਂਦਾ ਹੈ, ਜੇ ਉਸ ਦੀ ਰਜ਼ਾ ਹੋਵੇ ਤਾਂ ਸਜ਼ਾ ਦੇਂਦਾ ਹੈ ॥੪॥
19238	417	ਅਗੋਦੇ ਜੇ ਚੇਤੀਐ ਤਾਂ ਕਾਇਤੁ ਮਿਲੈ ਸਜਾਇ॥	(ਅੱਗੋ-ਦੇ) ਪਹਿਲਾਂ ਹੀ। (ਕਾਇਤੁ) ਕਿਉਂ	Ago Dhae Jae Chaetheeai Thaan Kaaeith Milai Sajaae ||	If someone focuses on the Lord beforehand, then why should he be punished?	ਜੇ ਪਹਿਲਾਂ ਹੀ (ਆਪੋ ਆਪਣੇ ਫ਼ਰਜ਼ ਨੂੰ) ਚੇਤੇ ਕਰਦੇ ਰਹੀਏ (ਚੇਤੇ ਰੱਖੀਏ) ਤਾਂ (ਅਜੇਹੀ) ਸਜ਼ਾ ਕਿਉਂ ਮਿਲੇ?
19239	417	ਸਾਹਾਂ ਸੁਰਤਿ ਗਵਾਈਆ ਰੰਗਿ ਤਮਾਸੈ ਚਾਇ॥	(ਸਾਹਾਂ) ਸ਼ਾਹਾਂ ਨੇ ਵਾਹਿਗੁਰੂ ਜੀ ਦੀ (ਸੁਰਤਿ) ਪ੍ਰੀਤੀ	Saahaan Surath Gavaaeeaa Rang Thamaasai Chaae ||	The kings had lost their higher consciousness, reveling in pleasure and sensuality.	(ਇਥੋਂ ਦੇ) ਹਾਕਮਾਂ ਨੇ ਐਸ਼ ਵਿਚ, ਤਮਾਸ਼ਿਆਂ ਦੇ ਚਾਅ ਵਿਚ ਆਪਣਾ ਫ਼ਰਜ਼ ਭੁਲਾ ਦਿੱਤਾ ਸੀ।

19240	417	ਬਾਬਰ ਵਾਣੀ ਫਿਰਿ ਗਈ ਕੁਇਰੁ ਨ ਰੋਟੀ ਖਾਇ॥੫॥	ਬਾਬਰ ਦੀ (ਵਾਣੀ) ਦੁਹਾਈ। (ਕੁਇਰੁ) ਰਾਜਕੁਮਾਰ	Baabaravaanee Fir Gee Kueir N Rottee Khaae ||5||	Since Baabar's rule has been proclaimed, even the princes have no food to eat. ||5||	(ਹੁਣ ਜਦੋਂ) ਬਾਬਰ ਦੀ (ਦੁਹਾਈ) ਫਿਰੀ ਹੈ ਤਾਂ (ਹੋਰ ਪਰਜਾ ਤਾਂ ਕਿਤੇ ਰਹੀ, ਕੋਈ) ਪਠਾਣ-ਸ਼ਾਹਜ਼ਾਦਾ ਭੀ (ਕਿਤੋਂ ਮੰਗ-ਪਿੰਨ ਕੇ) ਰੋਟੀ ਨਹੀਂ ਖਾ ਸਕਦਾ ॥੫॥
19241	417	ਇਕਨਾ ਵਖਤ ਖੁਆਈਅਹਿ ਇਕਨ੍ਹਾ ਪੂਜਾ ਜਾਇ॥	(ਵਖਤ) ਨਮਾਜ਼ ਦਾ ਵਕਤ। (ਖੁਆਈ-ਅਹਿ) ਖੁੰਝਾਏ। ਪੂਜਾ ਦਾ ਸਮਾ (ਜਾਇ) ਲੰਘਾਇਆ	Eikanaa Vakhath Khuaaeeahi Eikanhaa Poojaa Jaae ||	The Muslims have lost their five times of daily prayer, and the Hindus have lost their worship as well.	(ਸੈਦਪੁਰ ਦੀਆਂ ਇਸਤ੍ਰੀਆਂ ਦਾ ਇਹ ਹਾਲ ਹੋ ਰਿਹਾ ਹੈ ਕਿ ਜ਼ਾਲਮਾਂ ਦੇ ਪੰਜੇ ਵਿਚ ਆ ਕੇ) ਮੁਸਲਮਾਨੀਆਂ ਦੇ ਨਿਮਾਜ਼ ਦੇ ਵਕਤ ਖੁੰਝ ਰਹੇ ਹਨ, ਹਿੰਦਵਾਣੀਆਂ ਦਾ ਪੂਜਾ ਦਾ ਸਮਾ ਜਾ ਰਿਹਾ ਹੈ,
19242	417	ਚਉਕੇ ਵਿਣੁ ਹਿੰਦਵਾਣੀਆ ਕਿਉ ਟਿਕੇ ਕਢਹਿ ਨਾਇ॥	ਟਿੱਕੇ।ਨ੍ਹਾਇ	Choukae Vin Hindhavaaneeaa Kio Ttikae Kadtehi Naae ||	Without their sacred squares, how shall the Hindu women bathe and apply the frontal marks to their foreheads?	(ਜੇਹੜੀਆਂ ਅੱਗੇ ਨ੍ਹਾ ਕੇ, ਟਿੱਕੇ ਲਾ ਕੇ ਸੁੱਚੇ ਚੌਕੇ ਵਿਚ ਬੈਠਦੀਆਂ ਸਨ, ਹੁਣ) ਨਾਹ ਉਹ ਇਸ਼ਨਾਨ ਕਰ ਕੇ ਟਿੱਕੇ ਲਾ ਸਕਦੀਆਂ ਹਨ, ਨਾਹ ਹੀ ਉਹਨਾਂ ਦੇ ਸੁੱਚੇ ਚੌਕੇ ਰਹਿ ਗਏ ਹਨ।
19243	417	ਰਾਮੁ ਨ ਕਬਹੂ ਚੇਤਿਓ ਹੁਣਿ ਕਹਣਿ ਨ ਮਿਲੈ ਖੁਦਾਇ॥੬॥		Raam N Kabehoo Chaethiou Hun Kehan N Milai Khudhaae ||6||	They never remembered their Lord as Raam, and now they cannot even chant Khudaa-i||6||	(ਜਿਨ੍ਹਾਂ ਨੇ ਅੱਗੇ ਧਨ ਜੋਬਨ ਦੇ ਨਸ਼ੇ ਵਿਚ) ਕਦੇ ਰਾਮ ਨੂੰ ਚੇਤੇ ਨਹੀਂ ਸੀ ਕੀਤਾ, ਹੁਣ (ਜ਼ਾਲਮ ਬਾਬਰ ਸਿਪਾਹੀਆਂ ਨੂੰ ਖੁਸ਼ ਕਰਨ ਵਾਸਤੇ) ਉਹਨਾਂ ਨੂੰ ਖ਼ੁਦਾ ਖ਼ੁਦਾ ਭੀ ਆਖਣਾ ਨਹੀਂ ਮਿਲਦਾ ॥੬॥

19244	417	ਇਕਿ ਘਰਿ ਆਵਹਿ ਆਪਣੈ ਇਕਿ ਮਿਲਿ ਮਿਲਿ ਪੁਛਹਿ ਸੁਖ॥		Eik Ghar Aavehi Aapanai Eik Mil Mil Pushhehi Sukh ||	Some have returned to their homes, and meeting their relatives, they ask about their safety.	(ਬਾਬਰ ਦੀ ਕਤਲਾਮ ਤੇ ਕੈਦ ਵਿਚੋਂ) ਜੇਹੜੇ ਕੋਈ ਵਿਰਲੇ ਵਿਰਲੇ ਮਨੁੱਖ (ਬਚ ਕੇ) ਆਪੋ ਆਪਣੇ ਘਰ ਵਿਚ ਆਉਂਦੇ ਹਨ, ਉਹ ਇਕ ਦੂਜੇ ਨੂੰ ਮਿਲ ਮਿਲ ਕੇ ਇਕ ਦੂਜੇ ਦੀ ਸੁਖ-ਸਾਂਦ ਪੁਛਦੇ ਹਨ।
19245	417	ਇਕਨ੍ਹਾ ਏਹੋ ਲਿਖਿਆ ਬਹਿ ਬਹਿ ਰੋਵਹਿ ਦੁਖ॥		Eikanhaa Eaeho Likhiaa Behi Behi Rovehi Dhukh ||	For some, it is pre-ordained that they shall sit and cry out in pain.	(ਅਨੇਕਾਂ ਦੇ ਸਾਕ ਸਬੰਧੀ ਮਾਰੇ ਤੇ ਕੈਦ ਕੀਤੇ ਗਏ) ਉਹਨਾਂ ਦੀ ਕਿਸਮਤ ਵਿਚ ਇਹੀ ਬਿਪਤਾ ਲਿਖੀ ਪਈ ਸੀ; ਉਹ ਇਕ ਦੂਜੇ ਪਾਸ ਬੈਠ ਬੈਠ ਕੇ ਆਪੋ ਆਪਣੇ ਦੁਖ ਰੋਂਦੇ ਹਨ (ਰੋ ਰੋ ਕੇ ਆਪਣੇ ਦੁਖ ਦੱਸਦੇ ਹਨ)।
19246	417	ਜੋ ਤਿਸੁ ਭਾਵੈ ਸੋ ਥੀਐ ਨਾਨਕ ਕਿਆ ਮਾਨੁਖ॥੭॥੧੧॥	ਮਾਨੁੱਖ	Jo This Bhaavai So Thheeai Naanak Kiaa Maanukh ||7||11||	Whatever pleases Him, comes to pass. O Nanak, what is the fate of mankind? ||7||11||	(ਪਰ) ਹੇ ਨਾਨਕ! ਮਨੁੱਖ ਵਿਚਾਰੇ ਕੀ ਕਰਨ ਜੋਗੇ ਹਨ? ਉਹੀ ਕੁਝ ਵਾਪਰਦਾ ਹੈ ਜੋ ਉਸ (ਸਿਰਜਣਹਾਰ ਕਰਤਾਰ) ਨੂੰ ਭਾਉਂਦਾ ਹੈ ॥੭॥੧੧॥
19247	417	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	

19248	417	ਕਹਾ ਸੁ ਖੇਲ ਤਬੇਲਾ ਘੋੜੇ ਕਹਾ ਭੇਰੀ ਸਹਨਾਈ॥	(ਭੇਰੀ) ਵਾਜੇ। ਖ਼ੁਸੀ ਸਮੇਂ ਵੱਜਣ ਵਾਲੇ (ਸਹਨਾਈ) ਸਾਜ। ਖ਼ੇਲ	Kehaa S Khael Thabaelaa Ghorrae Kehaa Bhaeree Sehanaaee ||	Where are the games, the stables, the horses? Where are the drums and the bugles?	(ਅਜੇ ਕੱਲ ਦੀ ਹੀ ਗੱਲ ਹੈ ਕਿ ਸੈਦਪੁਰ ਵਿਚ ਰੌਣਕ ਹੀ ਰੌਣਕ ਸੀ, ਪਰ ਹੁਣ) ਕਿੱਥੇ ਹਨ (ਫ਼ੌਜੀਆਂ ਦੇ) ਖੇਡ ਤਮਾਸ਼ੇ? ਕਿੱਥੇ ਹਨ ਘੋੜੇ ਤੇ (ਘੋੜਿਆਂ ਦੇ) ਤਬੇਲੇ? ਕਿੱਥੇ ਗਏ ਨਗਾਰੇ ਤੇ ਤੁਤੀਆਂ?
19249	417	ਕਹਾ ਸੁ ਤੇਗਬੰਦ ਗਾਡੇਰੜਿ ਕਹਾ ਸੁ ਲਾਲ ਕਵਾਈ॥	(ਤੇਗ-ਬੰਦ) ਤਲਵਾਰਾਂ ਬੰਨ੍ਹਣ ਵਾਲੇ(ਗਾ-ਡੇ-ਰੜਿ) ਸੂਰਮੇ। ਲਾਲ (ਕਵਾਈ) ਪੁਸ਼ਾਕ ਵਾਲੇ। (ਦੂਜਾ ਪਾਠ: ਗਾਡੇ ਰੜਿ)	Kehaa S Thaegabandh Gaaddaerarr Kehaa S Laal Kavaaee ||	Where are the sword-belts and chariots? Where are those scarlet uniforms?	ਕਿੱਥੇ ਹਨ ਪਸ਼ਮੀਨੇ ਦੇ ਗਾਤਰੇ? ਤੇ ਕਿੱਥੇ ਹਨ ਉਹ (ਫ਼ੌਜੀਆਂ ਦੀਆਂ) ਲਾਲ ਬਰਦੀਆਂ?
19250	417	ਕਹਾ ਸੁ ਆਰਸੀਆ ਮੁਹ ਬੰਕੇ ਐਥੈ ਦਿਸਹਿ ਨਾਹੀ॥੧॥	(ਆਰਸੀਆਂ) ਨਾਰੀਆਂ ਦੇ ਅੰਗੂਠੇ ਚ ਪਹਿਨਣ ਵਾਲੇ ਗਹਿਣੇ	Kehaa S Aaraseeaa Muh Bankae Aithhai Dhisehi Naahee ||1||	Where are the rings and the beautiful faces? They are no longer to be seen here. ||1||	ਕਿੱਥੇ ਹਨ ਸ਼ੀਸ਼ੇ? ਤੇ (ਸ਼ੀਸ਼ਿਆਂ ਵਿਚੋਂ ਵੇਖੇ ਜਾਣ ਵਾਲੇ) ਸੋਹਣੇ ਮੂੰਹ? (ਅੱਜ) ਇਥੇ (ਸੈਦਪੁਰ ਵਿਚ ਕਿਤੇ) ਨਹੀਂ ਦਿੱਸਦੇ ॥੧॥
19251	417	ਇਹੁ ਜਗੁ ਤੇਰਾ ਤੂ ਗੋਸਾਈ॥		Eihu Jag Thaeraa Thoo Gosaaee ||	This world is Yours; You are the Lord of the Universe.	ਹੇ ਪ੍ਰਭੂ! ਇਹ ਜਗਤ ਤੇਰਾ (ਬਣਾਇਆ ਹੋਇਆ) ਹੈ, ਤੂੰ ਇਸ ਜਗਤ ਦਾ ਮਾਲਕ ਹੈਂ।
19252	417	ਏਕ ਘੜੀ ਮਹਿ ਥਾਪਿ ਉਥਾਪੇ ਜਰੁ ਵੰਡਿ ਦੇਵੈ ਭਾਂਈ॥੧॥ਰਹਾਉ॥	(ਜਰੁ) ਧਨ। (ਭਾਂਈ) ਹੋਰਾਂ ਨੂੰ	Eaek Gharree Mehi Thhaap Outhhaapae Jar Vandd Dhaevai Bhaanee ||1|| Rehaao ||	In an instant, You establish and disestablish. You distribute wealth as it pleases You. ||1||Pause||	(ਉਸ ਮਾਲਕ ਦੀ ਅਚਰਜ ਖੇਡ ਹੈ) ਜਗਤ ਰਚ ਕੇ ਇਕ ਘੜੀ ਵਿਚ ਹੀ ਤਬਾਹ ਭੀ ਕਰ ਦੇਂਦਾ ਹੈ, ਤੇ ਧਨ ਦੌਲਤ ਵੰਡ ਕੇ ਹੋਰਨਾਂ ਨੂੰ ਦੇ ਦੇਂਦਾ ਹੈ ॥੧॥ ਰਹਾਉ ॥

19253	417	ਕਹਾਂ ਸੁ ਘਰ ਦਰ ਮੰਡਪ ਮਹਲਾ ਕਹਾ ਸੁ ਬੰਕ ਸਰਾਈ॥		Kehaan S Ghar Dhar Manddap Mehalaa Kehaa S Bank Saraaee ||	Where are the houses, the gates, the hotels and palaces? Where are those beautiful way-stations?	ਕਿੱਥੇ ਹਨ ਉਹ ਸੋਹਣੇ ਘਰ ਮਹਲ-ਮਾੜੀਆਂ ਤੇ ਸੋਹਣੀਆਂ ਸਰਾਵਾਂ?
19254	417	ਕਹਾਂ ਸੁ ਸੇਜ ਸੁਖਾਲੀ ਕਾਮਨਿ ਜਿਸੁ ਵੇਖਿ ਨੀਦ ਨ ਪਾਈ॥	(ਮੰਡਪ) ਉੱਚੇ ਮੰਦਰ। (ਬੰਕ) ਸੋਹਣੀਆਂ (ਸਰਾਈ) ਸਰਾਵਾਂ	Kehaan S Saej Sukhaalee Kaaman Jis Vaekh Needh N Paaee ||	Where are those beautiful women, reclining on their beds, whose beauty would not allow one to sleep?	ਕਿੱਥੇ ਹੈ ਉਹ ਸੁਖ ਦੇਣ ਵਾਲੀ ਇਸਤ੍ਰੀ ਤੇ ਉਸ ਦੀ ਸੇਜ, ਜਿਸ ਨੂੰ ਵੇਖ ਕੇ (ਅੱਖਾਂ ਵਿਚੋਂ) ਨੀਂਦ ਮੁੱਕ ਜਾਂਦੀ ਸੀ?
19255	417	ਕਹਾ ਸੁ ਪਾਨ ਤੰਬੋਲੀ ਹਰਮਾ ਹੋਈਆ ਛਾਈ ਮਾਈ॥੨॥	(ਪਾਨ ਤੰਬੋਲੀ) ਪਾਨ ਵੇਚਣ ਵਾਲੀਆਂ। (ਹਰਮਾ) ਵਿਆਹੀਆਂ ਹੋਈਆਂ ਪਰਦੇਦਾਰ ਇਸਤ੍ਰੀਆਂ। (ਛਾਈ ਮਾਈ) ਲੋਪ	Kehaa S Paan Thanbolee Haramaa Hoeeaa Shhaaee Maaee ||2||	Where are those betel leaves, their sellers, and the haremees? They have vanished like shadows. ||2||	ਕਿੱਥੇ ਹਨ ਉਹ ਪਾਨ ਤੇ ਪਾਨ ਵੇਚਣ ਵਾਲੀਆਂ, ਤੇ ਕਿੱਥੇ ਉਹ ਪਰਦੇਦਾਰ ਜ਼ਨਾਨੀਆਂ? ਸਭ ਗੁੰਮ ਹੋ ਚੁਕੀਆਂ ਹਨ ॥੨॥
19256	417	ਇਸੁ ਜਰ ਕਾਰਣਿ ਘਣੀ ਵਿਗੁਤੀ ਇਨਿ ਜਰ ਘਣੀ ਖੁਆਈ॥	(ਜਰ) ਧਨ। (ਵਿ-ਗੁੱਤੀ) ਖੁਆਰ ਹੋਈ। (ਖੁਆਈ) ਭੁਲਾਏ	Eis Jar Kaaran Ghanee Viguthee Ein Jar Ghanee Khuaaee ||	For the sake of this wealth, so many were ruined; because of this wealth, so many have been disgraced.	ਇਸ ਧਨ ਦੀ ਖ਼ਾਤਰ ਬਹੁਤ ਲੋਕਾਈ ਖ਼ੁਆਰ ਹੁੰਦੀ ਹੈ ਇਸ ਧਨ ਨੇ ਬਹੁਤ ਦੁਨੀਆ ਨੂੰ ਖ਼ੁਆਰ ਕੀਤਾ ਹੈ।

19257	417	ਪਾਪਾ ਬਾਝਹੁ ਹੋਵੈ ਨਾਹੀ ਮੁਇਆ ਸਾਥਿ ਨ ਜਾਈ॥	ਪਾਪਾਂ	Paapaa Baajhahu Hovai Naahee Mueiaa Saathh N Jaaee ||	It was not gathered without sin, and it does not go along with the dead.	ਪਾਪ ਜ਼ੁਲਮ ਕਰਨ ਤੋਂ ਬਿਨਾ, ਇਹ ਦੌਲਤ ਇਕੱਠੀ ਨਹੀਂ ਹੋ ਸਕਦੀ, ਤੇ ਮਰਨ ਵੇਲੇ ਇਹ (ਇਕੱਠੀ ਕਰਨ ਵਾਲੇ ਦੇ) ਨਾਲ ਨਹੀਂ ਜਾਂਦੀ।
19258	417	ਜਿਸ ਨੋ ਆਪਿ ਖੁਆਏ ਕਰਤਾ ਖੁਸਿ ਲਏ ਚੰਗਿਆਈ॥੩॥	ਜਿਸ ਨੋ (ਆਪਿ) ਹੰਕਾਰ ਹੋ ਜਏ, ਉਹ (ਕਰਤਾ) ਵਾਹਿਗੁਰੂ ਜੀ ਨੂੰ (ਖੁਆਏ) ਭੁਲਾ ਦਿੰਦਾ ਹੈ ਤੇ ਵਾਹਿਗੁਰੂ ਜੀ ਦੀ ਚੰਗਿਆਈ ਪਰਉਪਕਾਰ ਕਰਨ ਦੀ ਦਾਤ (ਖੁੱਸਿ) ਖੁੰਝਾ ਲੈਂਦਾ ਹੈ ਅਥਵਾ ਜਿਸ ਜੀਵ ਨੂੰ ਆਪਿ ਕਰਤਾ ਪੁਰਖੁ ਜੀ (ਖੁਆਏ) ਰਿਜਕ ਬਖ਼ਸ਼ਦੇ ਹਨ, ਉਸ ਜੀਵ ਨੂੰ (ਚੰਗਿਆਈ) ਚੰਗਿਆਈਆਂ ਪਰਉਪਕਾਰ ਕਰਕੇ ਵਾਹਿਗੁਰੂ ਜੀ ਦੀ (ਖੁਸਿ) ਖੁਸ਼ੀ ਲੈਣੀ ਚਾਹੀਦੀ ਹੈ	Jis No Aap Khuaaeae Karathaa Khus Leae Changiaaee ||3||	Those, whom the Creator Lord would destroy - first He strips them of virtue. ||3||	(ਪਰ ਜੀਵ ਦੇ ਕੀਹ ਵੱਸ?) ਪਰਮਾਤਮਾ ਜਿਸ ਨੂੰ ਆਪ ਕੁਰਾਹੇ ਪਾਂਦਾ ਹੈ (ਪਹਿਲਾਂ ਉਸ ਪਾਸੋਂ ਉਸ ਦੀ) ਚੰਗਿਆਈ ਖੋਹ ਲੈਂਦਾ ਹੈ ॥੩॥

19259	417	ਕੋਟੀ ਹੂ ਪੀਰ ਵਰਜਿ ਰਹਾਏ ਜਾ ਮੀਰੁ ਸੁਣਿਆ ਧਾਇਆ॥	(ਕੋਟੀ) ਕ੍ਰੋੜਾਂ ਹੀ ਪੀਰ ਹਿੰਦੁਸਤਾਨੀ ਬਾਦਸ਼ਾਹ ਨੇ (ਵਰਜਿ) ਰੋਕ ਕੇ (ਰਹਾਏ) ਰੱਖੇ ਹਮਲਾਵਰਾਂ ਨੂੰ ਪੀਰ ਸ਼ਕਤੀਆਂ ਨਾਲ ਅੰਨ੍ਹੇ ਕਰਨ ਲਈ (ਜਾ) ਜਦੋਂ ਸੁਣਿਆ ਕਿ (ਮੀਰੁ) ਬਾਦਸ਼ਾਹ ਬਾਬਰ (ਧਾਇਆ) ਹੱਲਾ ਕਰਕੇ ਆ ਰਿਹਾ ਹੈ	Kottee Hoo Peer Varaj Rehaaeae Jaa Meer Suniaa Dhhaaeiaa ||	Millions of religious leaders failed to halt the invader, when they heard of the Emperor's invasion.	ਜਦੋਂ ਪਠਾਣ ਹਾਕਮਾਂ ਨੇ ਸੁਣਿਆ ਕਿ ਮੀਰ ਬਾਬਰ ਹੱਲਾ ਕਰ ਕੇ (ਵਗਾ ਤਗ) ਆ ਰਿਹਾ ਹੈ, ਤਾਂ ਉਹਨਾਂ ਅਨੇਕਾਂ ਹੀ ਪੀਰਾਂ ਨੂੰ (ਜਾਦੂ ਟੂਣੇ ਕਰਨ ਲਈ) ਰੋਕ ਰੱਖਿਆ।
19260	418	ਥਾਨ ਮੁਕਾਮ ਜਲੇ ਬਿਜਮੰਦਰ ਮੁਛਿ ਮੁਛਿ ਕੁਇਰ ਰੁਲਾਇਆ॥	(ਥਾਨ) ਥਾਂ (ਮੁਕਾਮ) ਟਿਕਾਣੇ। (ਬਿਜਮੰਦਰ) ਪੱਕੇ ਮੰਦਰ। (ਕੁਇਰ) ਸ਼ਹਿਜ਼ਾਦਿਆਂ ਨੂੰ (ਮੁੱਛਿ ਮੁੱਛਿ) ਟੁਕੜੇ ਕਰਕੇ ਗਲ਼ੀਆਂ ਚ (ਰੁਲਾਇਆ) ਰੋਲਿਆ	Thhaan Mukaam Jalae Bij Mandhar Mushh Mushh Kueir Rulaaeiaa ||	He burned the rest-houses and the ancient temples; he cut the princes limb from limb, and cast them into the dust.	(ਪਰ ਉਹਨਾਂ ਦੀਆਂ ਤਸਬੀਆਂ ਫਿਰਨ ਤੇ ਭੀ) ਪੱਕੇ ਥਾਂ ਮੁਕਾਮ ਪੱਕੇ ਮਹਲ (ਮੁਗ਼ਲਾਂ ਦੀ ਲਾਈ ਅੱਗ ਨਾਲ) ਸੜ (ਕੇ ਸੁਆਹ ਹੋ) ਗਏ ਤੇ ਉਹਨਾਂ ਨੇ ਪਠਾਣ ਸ਼ਾਹਜ਼ਾਦਿਆਂ ਨੂੰ ਟੋਟੇ ਕਰ ਕਰ ਕੇ (ਮਿੱਟੀ ਵਿਚ) ਰੋਲ ਦਿੱਤਾ।
19261	418	ਕੋਈ ਮੁਗਲੁ ਨ ਹੋਆ ਅੰਧਾ ਕਿਨੈ ਨ ਪਰਚਾ ਲਾਇਆ॥੪॥	(ਕਿਨੈ) ਕਿਸੇ ਪੀਰ ਸ਼ਕਤੀ ਨੇ ਕੋਈ (ਪਰਚਾ) ਕਰਾਮਾਤ ਨਹੀਂ ਦਿਖਾਈ	Koee Mugal N Hoaa Andhhaa Kinai N Parachaa Laaeiaa ||4||	None of the Mugals went blind, and no one performed any miracle. ||4||	(ਪੀਰਾਂ ਦੀਆਂ ਤਸਬੀਆਂ ਨਾਲ) ਕੋਈ ਇੱਕ ਭੀ ਮੁਗ਼ਲ ਅੰਨ੍ਹਾ ਨਾ ਹੋਇਆ, ਕਿਸੇ ਭੀ ਪੀਰ ਨੇ ਕੋਈ ਕਰਾਮਾਤ ਕਰ ਨਾ ਵਿਖਾਈ ॥੪॥

19262	418	ਮੁਗਲ ਪਠਾਣਾ ਭਈ ਲੜਾਈ ਰਣ ਮਹਿ ਤੇਗ ਵਗਾਈ॥	(ਰਣ) ਜੰਗ। (ਤੇਗ) ਤਲਵਾਰ	Mugal Pathaanaa Bhee Larraaee Ran Mehi Thaeg Vagaaee ||	The battle raged between the Mugals and the Pat'haans, and the swords clashed on the battlefield.	ਜਦੋਂ ਮੁਗ਼ਲਾਂ ਤੇ ਪਠਾਣਾਂ ਦੀ ਲੜਾਈ ਹੋਈ, ਲੜਾਈ ਦੇ ਮੈਦਾਨ ਵਿਚ (ਦੋਹਾਂ ਧਿਰਾਂ ਨੇ) ਤਲਵਾਰ ਚਲਾਈ।
19263	418	ਓਨੀ ਤੁਪਕ ਤਾਣਿ ਚਲਾਈ ਓਨੀ ਹਸਤਿ ਚਿੜਾਈ॥	(ਤੁਪਕ) ਤੋਪਾਂ (ਤਾਣਿ) ਤਾਣ ਕੇ। (ਹਸਤਿ) ਹਾਥੀ (ਚਿੜਾਈ) ਖਿਝਾ ਕੇ ਅੱਗੇ ਕੀਤੇਚਿੜ੍ਹਾਈ	Ounhee Thupak Thaan Chalaaee Ounhee Hasath Chirraaee ||	They took aim and fired their guns, and they attacked with their elephants.	ਉਹਨਾਂ ਮੁਗ਼ਲਾਂ ਨੇ ਬੰਦੂਕਾਂ ਦੇ ਨਿਸ਼ਾਨੇ ਬੰਨ੍ਹ ਬੰਨ੍ਹ ਕੇ ਗੋਲੀਆਂ ਚਲਾਈਆਂ, ਪਰ ਪਠਾਣਾਂ ਦੇ ਹੱਥ ਵਿਚ ਹੀ ਚਿੜ ਚਿੜ ਕਰ ਗਈਆਂ।
19264	418	ਜਿਨ ਕੀ ਚੀਰੀ ਦਰਗਹ ਫਾਟੀ ਤਿਨ੍ਹਾ ਮਰਣਾ ਭਾਈ॥੫॥	ਉਮਰ ਰੂਪ (ਚੀਰੀ) ਚਿੱਠੀ	Jinh Kee Cheeree Dharageh Paattee Thinhaa Maranaa Bhaaee ||5||	Those men whose letters were torn in the Lord's Court, were destined to die, O Siblings of Destiny. ||5||	ਪਰ ਹੇ ਭਾਈ! ਧੁਰੋ ਹੀ ਜਿਨ੍ਹਾਂ ਦੀ ਉਮਰ ਦੀ ਚਿੱਠੀ ਪਾਟ ਜਾਂਦੀ ਹੈ, ਉਹਨਾਂ ਮਰਨਾ ਹੀ ਹੁੰਦਾ ਹੈ ॥੫॥
19265	418	ਇਕ ਹਿੰਦਵਾਣੀ ਅਵਰ ਤੁਰਕਾਣੀ ਭਟਿਆਣੀ ਠਕੁਰਾਣੀ॥	(ਭਟਿਆਣੀ) ਭੱਟਾਂ ਤੇ (ਠਕੁਰਾਣੀ) ਠਾਕੁਰਾਂ ਦੀਆਂ ਰਾਜਪੂਤ ਇਸਤ੍ਰੀਆਂ	Eik Hindhavaanee Avar Thurakaanee Bhattiaanee Thakuraanee ||	The Hindu women, the Muslim women, the Bhattis and the Rajputs	ਕੀਹ ਹਿੰਦੂ-ਇਸਤ੍ਰੀਆਂ, ਕੀਹ ਮੁਸਲਮਾਨ ਔਰਤਾਂ ਤੇ ਕੀਹ ਭੱਟਾਂ ਤੇ ਠਾਕੁਰਾਂ ਦੀਆਂ ਜ਼ਨਾਨੀਆਂ,

19266	418	ਇਕਨ੍ਹਾ ਪੇਰਣ ਸਿਰ ਖੁਰ ਪਾਟੇ ਇਕਨ੍ਹਾ ਵਾਸੁ ਮਸਾਣੀ॥	(ਪੇਰਣ) ਚੋਲ਼ੇ ਵਾ ਬੁਰਕੇ। (ਸਿਰ ਖੁਰ) ਸਿਰ ਤੋਂ ਪੈਰਾਂ ਤੱਕ। (ਵਾਸੁ) ਵਾਸਾ (ਮਸਾਣੀ) ਮਸਾਣਾਂ ਚ	Eikanhaa Paeran Sir Khur Paattae Eikanhaa Vaas Masaanee ||	Some had their robes torn away, from head to foot, while others came to dwell in the cremation ground.	ਕਈਆਂ ਦੇ ਬੁਰਕੇ ਸਿਰ ਤੋਂ ਲੈ ਕੇ ਪੈਰਾਂ ਤਕ ਲੀਰ ਲੀਰ ਹੋ ਗਏ, ਤੇ ਕਈਆਂ ਦਾ (ਮਰ ਕੇ) ਮਸਾਣਾਂ ਵਿਚ ਜਾ ਵਾਸਾ ਹੋਇਆ।
19267	418	ਜਿਨ੍ ਕੇ ਬੰਕੇ ਘਰੀ ਨ ਆਇਆ ਤਿਨ੍ ਕਿਉ ਰੈਣਿ ਵਿਹਾਣੀ॥੬॥	(ਬੰਕੇ) ਸੁੰਦਰ ਵਾਹਿਗੁਰੂ ਜੀ। (ਰੈਣਿ) ਰਾਤ। (ਵਿਹਾਣ) ਬਤੀਤ ਕੀਤੀ। ਘਰੀਂ	Jinh Kae Bankae Gharee N Aaeiaa Thinh Kio Rain Vihaanee ||6||	Their husbands did not return home - how did they pass their night? ||6||	(ਜੇਹੜੀਆਂ ਬਚ ਰਹੀਆਂ, ਉਹ ਭੀ ਵਿਚਾਰੀਆਂ ਕੀਹ ਬਚੀਆਂ?) ਜਿਨ੍ਹਾਂ ਦੇ ਸੋਹਣੇ ਖਸਮ ਘਰਾਂ ਵਿਚ ਨਾਹ ਆਏ, ਉਹਨਾਂ (ਉਹ ਬਿਪਤਾ ਦੀ) ਰਾਤ ਕਿਵੇਂ ਕੱਟੀ ਹੋਵੇਗੀ? ॥੬॥
19268	418	ਆਪੇ ਕਰੇ ਕਰਾਏ ਕਰਤਾ ਕਿਸ ਨੋ ਆਖਿ ਸੁਣਾਈਐ॥		Aapae Karae Karaaeae Karathaa Kis No Aakh Sunaaeeai ||	The Creator Himself acts, and causes others to act. Unto whom should we complain?	ਪਰ ਇਹ ਦਰਦ-ਭਰੀ ਕਹਾਣੀ ਕਿਸ ਨੂੰ ਆਖ ਕੇ ਸੁਣਾਈ ਜਾਏ? ਕਰਤਾਰ ਆਪ ਹੀ ਸਭ ਕੁਝ ਕਰਦਾ ਹੈ ਤੇ ਜੀਵਾਂ ਤੋਂ ਕਰਾਂਦਾ ਹੈ।
19269	418	ਦੁਖੁ ਸੁਖੁ ਤੇਰੈ ਭਾਣੈ ਹੋਵੈ ਕਿਸ ਥੈ ਜਾਇ ਰੂਆਈਐ॥		Dhukh Sukh Thaerai Bhaanai Hovai Kis Thhai Jaae Rooaaeeai ||	Pleasure and pain come by Your Will; unto whom should we go and cry?	ਹੇ ਕਰਤਾਰ! ਦੁਖ ਹੋਵੇ ਚਾਹੇ ਸੁਖ ਹੋਵੇ ਤੇਰੀ ਰਜ਼ਾ ਵਿਚ ਹੀ ਵਾਪਰਦਾ ਹੈ। ਤੈਥੋਂ ਬਿਨਾ ਹੋਰ ਕਿਸ ਪਾਸ ਜਾ ਕੇ ਦੁੱਖ ਫਰੋਲੀਏ?

19270	418	ਹੁਕਮੀ ਹੁਕਮਿ ਚਲਾਏ ਵਿਗਸੈ ਨਾਨਕ ਲਿਖਿਆ ਪਾਈਐ॥੭॥੧੨॥		Hukamee Hukam Chalaaeae Vigasai Naanak Likhiaa Paaeeai ||7||12||	The Commander issues His Command, and is pleased. O Nanak, we receive what is written in our destiny. ||7||12||	ਹੇ ਨਾਨਕ! ਰਜ਼ਾ ਦਾ ਮਾਲਕ ਪ੍ਰਭੂ ਆਪਣੀ ਰਜ਼ਾ ਵਿਚ ਹੀ ਜਗਤ ਦੀ ਕਾਰ ਚਲਾ ਰਿਹਾ ਹੈ ਤੇ (ਵੇਖ ਵੇਖ ਕੇ) ਸੰਤੁਸ਼ਟ ਹੋ ਰਿਹਾ ਹੈ। (ਆਪੋ ਆਪਣੇ ਕੀਤੇ ਕਰਮਾਂ ਅਨੁਸਾਰ) ਲਿਖਿਆ ਲੇਖ ਭੋਗੀਦਾ ਹੈ ॥੭॥੧੨॥
19271	418	੧ੴ ਸਤਿਗੁਰ ਪ੍ਰਸਾਦਿ॥	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
19272	418	ਆਸਾ ਕਾਫੀ ਮਹਲਾ ੧ ਘਰੁ ੮ ਅਸਟਪਦੀਆ॥		Aasaa Kaafee Mehalaa 1 Ghar 8 Asattapadheeaa ||	Aasaa, Kaafee, First Mehl, Eighth House, Ashtapadees:	ਰਾਗ ਆਸਾ-ਕਾਫੀ, ਘਰ ੮ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
19273	418	ਜੈਸੇ ਗੋਇਲਿ ਗੋਇਲੀ ਤੈਸੇ ਸੰਸਾਰਾ॥	(ਗੋਇਲਿ) ਬਰਸਾਤਾਂ ਸਮੇਂ ਪਸੂ ਚਾਰਨ ਦੀ ਥਾਂ। (ਗੋਇਲੀ) ਗਵਾਲਾ	Jaisae Goeil Goeilee Thaisae Sansaaraa ||	As the shepherd is in the field for only a short time, so is one in the world.	ਜਿਵੇਂ ਕੋਈ ਗਵਾਲਾ ਪਰਾਏ ਚਰਾਂਦ ਵਿਚ (ਆਪਣਾ ਮਾਲ-ਡੰਗਰ ਚਾਰਨ ਲਈ ਲੈ ਜਾਂਦਾ ਹੈ) ਤਿਵੇਂ ਇਹ ਜਗਤ ਦੀ ਕਾਰ ਹੈ।
19274	418	ਕੂੜੁ ਕਮਾਵਹਿ ਆਦਮੀ ਬਾਂਧਹਿ ਘਰ ਬਾਰਾ॥੧॥		Koorr Kamaavehi Aadhamee Baandhhehi Ghar Baaraa ||1||	Practicing falsehood, they build their homes. ||1||	ਜੇਹੜੇ ਆਦਮੀ (ਮੌਤ ਨੂੰ ਭੁਲਾ ਕੇ) ਪੱਕੇ ਘਰ ਮਕਾਨ ਬਣਾਂਦੇ ਹਨ, ਉਹ ਵਿਅਰਥ ਉੱਦਮ ਕਰਦੇ ਹਨ ॥੧॥

19275	418	ਜਾਗਹੁ ਜਾਗਹੁ ਸੂਤਿਹੋ ਚਲਿਆ ਵਣਜਾਰਾ॥੧॥ਰਹਾਉ ॥	ਨਾਮ ਦਾ (ਵਣਜਾਰਾ) ਵਪਾਰੀ ਜੀਵ	Jaagahu Jaagahu Soothiho Chaliaa Vanajaaraa ||1|| Rehaao ||	Wake up! Wake up! O sleepers, see that the travelling merchant is leaving. ||1||Pause||	(ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤੇ ਹੋਏ ਜੀਵੋ! ਹੋਸ਼ ਕਰੋ, ਹੋਸ਼ ਕਰੋ। (ਤੁਹਾਡੇ ਸਾਹਮਣੇ ਤੁਹਾਡਾ ਸਾਥੀ) ਜੀਵ-ਵਣਜਾਰਾ (ਦੁਨੀਆ ਤੋਂ ਸਦਾ ਲਈ) ਜਾ ਰਿਹਾ ਹੈ (ਇਸੇ ਤਰ੍ਹਾਂ) ਤੁਹਾਡੀ ਵਾਰੀ ਆਵੇਗੀ। ਪਰਮਾਤਮਾ ਨੂੰ ਯਾਦ (ਰੱਖੋ) ॥੧॥ ਰਹਾਉ ॥
19276	418	ਨੀਤ ਨੀਤ ਘਰ ਬਾਂਧੀਅਹਿ ਜੇ ਰਹਣਾ ਹੋਈ॥	ਬਾਂਧੀ–ਅਹਿ	Neeth Neeth Ghar Baandhheeahi Jae Rehanaa Hoee ||	Go ahead and build your houses, if you think you will stay here forever and ever.	ਸਦਾ ਟਿਕੇ ਰਹਿਣ ਵਾਲੇ ਘਰ ਤਦੋਂ ਹੀ ਬਣਾਏ ਜਾਂਦੇ ਹਨ ਜੇ ਇਥੇ ਸਦਾ ਟਿਕੇ ਰਹਿਣਾ ਹੋਵੇ,
19277	418	ਪਿੰਡੁ ਪਵੈ ਜੀਉ ਚਲਸੀ ਜੇ ਜਾਣੈ ਕੋਈ॥੨॥	(ਪਿੰਡੁ) ਸ਼੍ਰੀਰ (ਪਵੈ) ਢਹਿ ਪਏ। (ਜੀਉ) ਜੀਵਾਤਮਾ। ਚੱਲਸੀ	Pindd Pavai Jeeo Chalasee Jae Jaanai Koee ||2||	The body shall fall, and the soul shall depart; if only they knew this. ||2||	ਪਰ ਜੇ ਕੋਈ ਮਨੁੱਖ ਵਿਚਾਰ ਕਰੇ (ਤਾਂ ਅਸਲੀਅਤ ਇਹ ਹੈ ਕਿ) ਜਦੋਂ ਜਿੰਦ ਇਥੋਂ ਤੁਰ ਪੈਂਦੀ ਹੈ ਤਾਂ ਸਰੀਰ ਭੀ ਢਹਿ ਪੈਂਦਾ ਹੈ (ਨਾਹ ਸਰੀਰ ਰਹਿੰਦਾ ਹੈ ਤੇ ਨਾਹ ਜਿੰਦ) ॥੨॥
19278	418	ਓਹੀ ਓਹੀ ਕਿਆ ਕਰਹੁ ਹੈ ਹੋਸੀ ਸੋਈ॥	(ਹੋਸੀ) ਹੋਵੇਗਾ	Ouhee Ouhee Kiaa Karahu Hai Hosee Soee ||	Why do you cry out and mourn for the dead? The Lord is, and shall always be.	(ਕਿਸੇ ਸੰਬੰਧੀ ਦੇ ਮਰਨ ਤੇ) ਕਿਉਂ ਵਿਅਰਥ 'ਹਾਇ! ਹਾਇ'! ਕਰਦੇ ਹੋ। ਸਦਾ-ਥਿਰ ਤਾਂ ਪਰਮਾਤਮਾ ਹੀ ਹੈ ਜੋ ਹੁਣ ਭੀ ਮੌਜੂਦ ਹੈ ਤੇ ਸਦਾ ਮੌਜੂਦ ਰਹੇਗਾ।

19279	418	ਤੁਮ ਰੋਵਹੁਗੇ ਓਸ ਨੋ ਤੁਮ ਕਉ ਕਉਣੁ ਰੋਈ॥੩॥	ਰੋਵਹੁ-ਗੇ	Thum Rovahugae Ous No Thumh Ko Koun Roee ||3||	You mourn for that person, but who will mourn for you? ||3||	ਜੇ ਤੁਸੀ (ਆਪਣੇ) ਉਸ ਮਰਨ ਵਾਲੇ ਦੇ ਮਰਨ ਤੇ ਰੋਂਦੇ ਹੋ ਤਾਂ (ਮਰਨਾ ਤਾਂ ਤੁਸਾਂ ਭੀ ਹੈ) ਤੁਹਾਨੂੰ ਭੀ ਕੋਈ ਰੋਵੇਗਾ ॥੩॥
19280	418	ਧੰਧਾ ਪਿਟਿਹੁ ਭਾਈਹੋ ਤੁਮ੍ ਕੂੜੁ ਕਮਾਵਹੁ॥	(ਧੰਧਾ) ਵਿਅਰਥ। ਪਿੱਟਿਹੁ	Dhhandhhaa Pittihu Bhaaeeho Thumh Koorr Kamaavahu ||	You are engrossed in worldly entanglements, O Siblings of Destiny, and you are practicing falsehood.	ਤੁਸੀ (ਕਿਸੇ ਦੇ ਮਰਨ ਤੇ ਰੋਣ ਦਾ) ਵਿਅਰਥ ਪਿੱਟਣਾ ਪਿੱਟਦੇ ਹੋ, ਵਿਅਰਥ ਕੰਮ ਕਰਦੇ ਹੋ।
19281	418	ਓਹੁ ਨ ਸੁਣਈ ਕਤ ਹੀ ਤੁਮ ਲੋਕ ਸੁਣਾਵਹੁ॥੪॥		Ouhu N Sunee Kath Hee Thumh Lok Sunaavahu ||4||	The dead person does not hear anything at all; your cries are heard only by other people. ||4||	ਜੇਹੜਾ ਮਰ ਗਿਆ ਹੈ, ਉਹ ਤਾਂ ਤੁਹਾਡਾ ਰੋਣਾ ਬਿਲਕੁਲ ਨਹੀਂ ਸੁਣਦਾ। ਤੁਸੀਂ (ਲੋਕਾਚਾਰੀ) ਸਿਰਫ਼ ਲੋਕਾਂ ਨੂੰ ਸੁਣਾ ਰਹੇ ਹੋ ॥੪॥
19282	418	ਜਿਸ ਤੇ ਸੁਤਾ ਨਾਨਕਾ ਜਾਗਾਏ ਸੋਈ॥	ਸੁੱਤਾ	Jis Thae Suthaa Naanakaa Jaagaaeae Soee ||	Only the Lord, who causes the mortal to sleep, O Nanak, can awaken him again.	(ਜੀਵ ਦੇ ਕੀਹ ਵੱਸ?) ਹੇ ਨਾਨਕ! ਜਿਸ ਪਰਮਾਤਮਾ ਦੇ ਹੁਕਮ ਨਾਲ ਜੀਵ (ਮਾਇਆ ਦੇ ਮੋਹ ਵਿਚ) ਸੁੱਤਾ ਹੋਇਆ ਹੈ, ਉਹੀ ਇਸ ਨੂੰ ਜਗਾਂਦਾ ਹੈ।
19283	418	ਜੇ ਘਰੁ ਬੂਝੈ ਆਪਣਾ ਤਾਂ ਨੀਦ ਨ ਹੋਈ॥੫॥	ਬੂੱਝੈ	Jae Ghar Boojhai Aapanaa Thaan Needh N Hoee ||5||	One who understands his true home, does not sleep. ||5||	(ਪ੍ਰਭੂ ਦੀ ਮੇਹਰ ਨਾਲ) ਜੇ ਜੀਵ ਇਹ ਸਮਝ ਲਏ ਕਿ ਮੇਰਾ ਅਸਲ ਘਰ ਕਿਹੜਾ ਹੈ ਤਾਂ ਉਸ ਨੂੰ ਮਾਇਆ ਦੇ ਮੋਹ ਦੀ ਨੀਂਦ ਨਹੀਂ ਵਿਆਪਦੀ ॥੫॥

19284	418	ਜੇ ਚਲਦਾ ਲੈ ਚਲਿਆ ਕਿਛੁ ਸੰਪੈ ਨਾਲੇ॥	(ਸੰਪੈ) ਧਨ	Jae Chaladhaa Lai Chaliaa Kishh Sanpai Naalae ||	If the departing mortal can take his wealth with him,	ਜੇ ਕੋਈ ਮਰਨ ਵਾਲਾ ਮਨੁੱਖ ਮਰਨ ਵੇਲੇ ਆਪਣੇ ਨਾਲ ਕੁਝ ਧਨ ਲੈ ਜਾਂਦਾ ਹੈ,
19285	418	ਤਾ ਧਨੁ ਸੰਚਹੁ ਦੇਖਿ ਕੈ ਬੂਝਹੁ ਬੀਚਾਰੇ॥੬॥	ਬੂੱਝਹੁ	Thaa Dhhan Sanchahu Dhaekh Kai Boojhahu Beechaarae ||6||	Then go ahead and gather wealth yourself. See this, reflect upon it, and understand. ||6||	ਤਾਂ ਤੁਸੀ ਭੀ ਧਨ ਬੇਸ਼ੱਕ ਜੋੜੀ ਚੱਲੋ। ਵੇਖ ਵਿਚਾਰ ਕੇ ਸਮਝੋ! ॥੬॥
19286	418	ਵਣਜੁ ਕਰਹੁ ਮਖਸੂਦੁ ਲੈਹੁ ਮਤ ਪਛੋਤਾਵਹੁ॥	(ਮਖਸੂਦੁ) ਲਾਭ	Vanaj Karahu Makhasoodh Laihu Math Pashhothaavahu ||	Make your deals, and obtain the true merchandise, or else you shall regret it later.	(ਨਾਮ-ਸਿਮਰਨ ਦਾ ਅਜੇਹਾ) ਵਣਜ-ਵਪਾਰ ਕਰੋ, ਜਿਸ ਤੋਂ ਜੀਵਨ ਮਨੋਰਥ ਦਾ ਲਾਭ ਖੱਟ ਸਕੋ, ਨਹੀਂ ਤਾਂ ਪਛਤਾਣਾ ਪਵੇਗਾ।
19287	418	ਅਉਗਣ ਛੋਡਹੁ ਗੁਣ ਕਰਹੁ ਐਸੇ ਤਤੁ ਪਰਾਵਹੁ॥੭॥	(ਪਰਾਵਹੁ) ਪ੍ਰਾਪਤ ਕਰੋ	Aougan Shhoddahu Gun Karahu Aisae Thath Paraavahu ||7||	Abandon your vices, and practice virtue, and you shall obtain the essence of reality. ||7||	ਮਾੜੇ ਕੰਮ ਛੱਡੋ, ਗੁਣ ਗ੍ਰਹਣ ਕਰੋ, ਇਸ ਤਰ੍ਹਾਂ ਅਸਲ (ਖੱਟੀ) ਖੱਟੋ! ॥੭॥
19288	418	ਧਰਮੁ ਭੂਮਿ ਸਤੁ ਬੀਜੁ ਕਰਿ ਐਸੀ ਕਿਰਸ ਕਮਾਵਹੁ॥	(ਕਿਰਸ) ਖੇਤੀ	Dhharam Bhoom Sath Beej Kar Aisee Kiras Kamaavahu ||	Plant the seed of Truth in the soil of Dharmic faith, and practice such farming.	ਧਰਮ ਨੂੰ ਧਰਤੀ ਬਣਾਵੋ, ਉਸ ਵਿਚ ਸੁੱਚਾ ਆਚਰਨ ਬੀ ਬੀਜੋ। ਬੱਸ! ਇਹੋ ਜਿਹੀ (ਆਤਮਕ ਜੀਵਨ ਨੂੰ ਪ੍ਰਫੁਲਤ ਕਰਨ ਵਾਲੀ) ਖੇਤੀ-ਵਾਹੀ ਕਰੋ!

19289	418	ਤਾਂ ਵਾਪਾਰੀ ਜਾਣੀਅਹੁ ਲਾਹਾ ਲੈ ਜਾਵਹੁ॥੮॥		Thaan Vaapaaree Jaaneeahu Laahaa Lai Jaavahu ||8||	Only then will you be known as a merchant, if you take your profits with you. ||8||	ਜੇ ਤੁਸੀ (ਇਥੋਂ ਉੱਚੇ ਆਤਮਕ ਜੀਵਨ ਦਾ) ਲਾਭ ਖੱਟ ਕੇ ਲੈ ਜਾਵੋਗੇ ਤਾਂ (ਸਿਆਣੇ) ਵਪਾਰੀ ਸਮਝੇ ਜਾਉਗੇ! ॥੮॥
19290	418	ਕਰਮੁ ਹੋਵੈ ਸਤਿਗੁਰੁ ਮਿਲੈ ਬੂਝੈ ਬੀਚਾਰਾ॥	(ਕਰਮੁ) ਕ੍ਰਿਪਾ। ਬੂੱਝੈ	Karam Hovai Sathigur Milai Boojhai Beechaaraa ||	If the Lord shows His Mercy, one meets the True Guru; contemplating Him, one comes to understand.	(ਜਿਸ ਮਨੁੱਖ ਉਤੇ ਪਰਮਾਤਮਾ ਦੀ) ਬਖ਼ਸ਼ਸ਼ ਹੋਵੇ ਉਸ ਨੂੰ ਗੁਰੂ ਮਿਲਦਾ ਹੈ ਤੇ ਉਹ ਇਸ ਵਿਚਾਰ ਨੂੰ ਸਮਝਦਾ ਹੈ।
19291	418	ਨਾਮੁ ਵਖਾਣੈ ਸੁਣੇ ਨਾਮੁ ਨਾਮੇ ਬਿਉਹਾਰਾ॥੯॥	(ਵਖਾਣੈ) ਉਚਾਰਦਾ	Naam Vakhaanai Sunae Naam Naamae Biouhaaraa ||9||	Then, one chants the Naam, hears the Naam, and deals only in the Naam. ||9||	ਉਹ ਪਰਮਾਤਮਾ ਦਾ ਨਾਮ ਉਚਾਰਦਾ ਹੈ, ਨਾਮ ਸੁਣਦਾ ਹੈ, ਤੇ ਨਾਮ ਵਿਚ ਹੀ ਵਿਹਾਰ ਕਰਦਾ ਹੈ ॥੯॥
19292	418	ਜਿਉ ਲਾਹਾ ਤੋਟਾ ਤਿਵੈ ਵਾਟ ਚਲਦੀ ਆਈ॥	(ਵਾਟ) ਰਸਤਾ	Jio Laahaa Thottaa Thivai Vaatt Chaladhee Aaee ||	As is the profit, so is the loss; this is the way of the world.	ਸੰਸਾਰ ਦੀ ਇਹ ਕਾਰ (ਸਦਾ ਤੋਂ) ਤੁਰੀ ਆਈ ਹੈ, ਕੋਈ (ਨਾਮ ਵਿਚ ਜੁੜ ਕੇ ਆਤਮਕ) ਲਾਭ ਖੱਟਦਾ ਹੈ, (ਕੋਈ ਮਾਇਆ ਦੇ ਮੋਹ ਵਿਚ ਫਸ ਕੇ ਆਤਮਕ ਜੀਵਨ ਵਿਚ) ਘਾਟਾ ਖਾਂਦਾ ਹੈ।
19293	418	ਜੋ ਤਿਸੁ ਭਾਵੈ ਨਾਨਕਾ ਸਾਈ ਵਡਿਆਈ॥੧੦॥੧੩॥		Jo This Bhaavai Naanakaa Saaee Vaddiaaee ||10||13||	Whatever pleases His Will, O Nanak, is glory for me. ||10||13||	ਹੇ ਨਾਨਕ! ਪਰਮਾਤਮਾ ਨੂੰ ਜੋ ਚੰਗਾ ਲੱਗਦਾ ਹੈ (ਉਹੀ ਹੁੰਦਾ ਹੈ), ਇਹੀ ਉਸ ਦੀ ਬਜ਼ੁਰਗੀ ਹੈ! ॥੧੦॥੧੩॥

19294	418	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
19295	418	ਚਾਰੇ ਕੁੰਡਾ ਢੂਢੀਆ ਕੋ ਨੀਮ੍ਹੀ ਮੈਡਾ॥	(ਨੀਮ੍ਹੀ) ਨਹੀਂ। (ਮੈਂਡਾ) ਮੇਰਾ	Chaarae Kunddaa Dtoodteeaa Ko Neemhee Maiddaa ||	I have searched in the four directions, but no one is mine.	ਮੈਂ ਸਾਰੀ ਸ੍ਰਿਸ਼ਟੀ ਭਾਲ ਵੇਖੀ ਹੈ, ਮੈਨੂੰ ਕੋਈ ਭੀ ਆਪਣਾ (ਸੱਚਾ ਦਰਦੀ) ਨਹੀਂ ਲੱਭਾ।
19296	418	ਜੇ ਤੁਧੁ ਭਾਵੈ ਸਾਹਿਬਾ ਤੂ ਮੈ ਹਉ ਤੈਡਾ॥੧॥	(ਤੈਡਾ) ਆਪਜੀ ਦਾ	Jae Thudhh Bhaavai Saahibaa Thoo Mai Ho Thaiddaa ||1||	If it pleases You, O Lord Master, then You are mine, and I am Yours. ||1||	ਹੇ ਮੇਰੇ ਸਾਹਿਬ! ਜੇ ਤੈਨੂੰ (ਮੇਰੀ ਬੇਨਤੀ) ਪਸੰਦ ਆਵੇ (ਤਾਂ ਮੇਹਰ ਕਰ) ਤੂੰ ਮੇਰਾ (ਰਾਖਾ ਬਣ), ਮੈਂ ਤੇਰਾ (ਸੇਵਕ) ਬਣਿਆ ਰਹਾਂ ॥੧॥
19297	418	ਦਰੁ ਬੀਭਾ ਮੈ ਨੀਮਿ ਕੋ ਕੈ ਕਰੀ ਸਲਾਮੁ॥	(ਬੀਭਾ) ਦੂਜਾ। (ਨੀਮਿ) ਨਹੀਂ	Dhar Beebhaa Mai Neemih Ko Kai Karee Salaam ||	There is no other door for me; where shall I go to worship?	ਮੈਨੂੰ (ਤੇਰੇ ਦਰ ਤੋਂ ਬਿਨਾ) ਕੋਈ ਹੋਰ ਦਰ ਨਹੀਂ ਲੱਭਦਾ, ਹੋਰ ਕਿਸ ਦੇ ਅੱਗੇ ਮੈਂ ਸਲਾਮ ਕਰਾਂ?
19298	418	ਹਿਕੋ ਮੈਡਾ ਤੂ ਧਣੀ ਸਾਚਾ ਮੁਖਿ ਨਾਮੁ॥੧॥ਰਹਾਉ॥	(ਹਿੱਕੋ) ਇੱਕੋ। (ਧਣੀ) ਮਾਲਕ। ਮੈਂਡਾ	Hiko Maiddaa Thoo Dhhanee Saachaa Mukh Naam ||1|| Rehaao ||	You are my only Lord; Your True Name is in my mouth. ||1||Pause||	ਸਿਰਫ਼ ਇਕ ਤੂੰ ਹੀ ਮੇਰਾ ਮਾਲਕ ਹੈਂ (ਮੈਂ ਤੈਥੋਂ ਹੀ ਇਹ ਦਾਨ ਮੰਗਦਾ ਹਾਂ ਕਿ) ਤੇਰਾ ਸਦਾ-ਥਿਰ ਰਹਿਣ ਵਾਲਾ ਨਾਮ ਮੇਰੇ ਮੂੰਹ ਵਿਚ (ਟਿਕਿਆ ਰਹੇ) ॥੧॥ ਰਹਾਉ ॥

19299	418	ਸਿਧਾ ਸੇਵਨਿ ਸਿਧ ਪੀਰ ਮਾਗਹਿ ਰਿਧਿ ਸਿਧਿ॥	(ਸਿੱਧਾ) ਸਿੱਧੀਆਂ ਲਈ	Sidhhaa Saevan Sidhh Peer Maagehi Ridhh Sidhh ||	Some serve the Siddhas, the beings of spiritual perfection, and some serve spiritual teachers; they beg for wealth and miraculous powers.	(ਲੋਕ) ਸਿੱਧ ਤੇ ਪੀਰ (ਬਣਨ ਲਈ) ਪੁੱਗੇ ਹੋਏ ਜੋਗੀਆਂ ਦੀ ਸੇਵਾ ਕਰਦੇ ਹਨ, ਤੇ ਉਹਨਾਂ ਪਾਸੋਂ ਰਿੱਧੀਆਂ ਸਿੱਧੀਆਂ (ਦੀ ਤਾਕਤ) ਮੰਗਦੇ ਹਨ।
19300	418	ਮੈ ਇਕੁ ਨਾਮੁ ਨ ਵੀਸਰੈ ਸਾਚੇ ਗੁਰ ਬੁਧਿ॥੨॥		Mai Eik Naam N Veesarai Saachae Gur Budhh ||2||	May I never forget the Naam, the Name of the One Lord. This is the wisdom of the True Guru. ||2||	(ਮੇਰੀ ਇਕ ਤੇਰੇ ਅੱਗੇ ਹੀ ਇਹ ਅਰਦਾਸਿ ਹੈ ਕਿ) ਅਭੁੱਲ ਗੁਰੂ ਦੀ ਬਖ਼ਸ਼ੀ ਬੁੱਧੀ ਅਨੁਸਾਰ ਮੈਨੂੰ ਤੇਰਾ ਨਾਮ ਕਦੇ ਨਾਹ ਭੁੱਲੇ! ॥੨॥
19301	419	ਜੋਗੀ ਭੋਗੀ ਕਾਪੜੀ ਕਿਆ ਭਵਹਿ ਦਿਸੰਤਰ॥	(ਕੱਪੜੀ) ਲੀਰਾਂ ਦੇ ਕੱਪੜੇ ਪਹਿਨਣ ਵਾਲਾ ਫਿਰਕਾ। (ਭਵਹਿ) ਭਟਕੇਂ (ਦਿ-ਸੰਤਰ) ਦੇਸ਼ਾਂ ਪ੍ਰਦੇਸਾਂ ਚ। ਭੋੱਗੀ	Jogee Bhogee Kaaparree Kiaa Bhavehi Dhisanthar ||	Why do the Yogis, the revellers, and the beggars wander in foreign lands?	ਜੋਗੀ ਤੇ ਲੀਰਾਂ ਪਹਿਨਣ ਵਾਲੇ ਫ਼ਕੀਰ ਵਿਅਰਥ ਹੀ ਦੇਸ ਦੇਸ ਦਾ ਰਟਨ ਕਰਦੇ ਹਨ।
19302	419	ਗੁਰ ਕਾ ਸਬਦੁ ਨ ਚੀਨ੍ਹੀ ਤਤੁ ਸਾਰੁ ਨਿਰੰਤਰ॥੩॥	(ਚੀਨ੍ਹੀ) ਪਛਾਣੇ। (ਨਿਰੰਤਰ) ਅੰਦਰ	Gur Kaa Sabadh N Cheenhehee Thath Saar Niranthar ||3||	They do not understand the Word of the Guru's Shabad, and the essence of excellence within them. ||3||	ਉਹ ਸਤਿਗੁਰ ਦੇ ਸ਼ਬਦ ਨੂੰ ਖੋਜਦੇ ਨਹੀਂ, ਉਹ ਇਕ-ਰਸ ਸ੍ਰੇਸ਼ਟ ਅਸਲੀਅਤ ਨੂੰ ਨਹੀਂ ਖੋਜਦੇ ॥੩॥

19303	419	ਪੰਡਿਤ ਪਾਧੇ ਜੋਇਸੀ ਨਿਤ ਪੜ੍ਹਹਿ ਪੁਰਾਣਾ॥	(ਪਾਧੇ) ਪੜ੍ਹਾਣ ਵਾਲੇ। (ਲੋਇਸੀ) ਜੋਤਸ਼ੀ	Panddith Paadhhae Joeisee Nith Parrhehi Puraanaa ||	The Pandits, the religious scholars, the teachers and astrologers, and those who endlessly read the Puraanas,	ਪੰਡਿਤ ਪਾਂਧੇ ਤੇ ਜੋਤਸ਼ੀ ਨਿੱਤ ਪੁਰਾਣ ਆਦਿਕ ਪੁਸਤਕਾਂ ਹੀ ਪੜ੍ਹਦੇ ਰਹਿੰਦੇ ਹਨ।
19304	419	ਅੰਤਰਿ ਵਸਤੁ ਨ ਜਾਣਨੀ ਘਟਿ ਬ੍ਰਹਮੁ ਲੁਕਾਣਾ॥੪॥	(ਲੁਕਾਣਾ) ਲੁਕਿਆ	Anthar Vasath N Jaananhee Ghatt Breham Lukaanaa ||4||	Do not know what is within; God is hidden deep within them. ||4||	ਪਰਮਾਤਮਾ ਹਿਰਦੇ ਵਿਚ ਲੁਕਿਆ ਪਿਆ ਹੈ, ਇਹ ਲੋਕ ਅੰਦਰ-ਵੱਸਦੀ ਨਾਮ-ਵਸਤੂ ਨੂੰ ਨਹੀਂ ਪਛਾਣਦੇ ॥੪॥
19305	419	ਇਕਿ ਤਪਸੀ ਬਨ ਮਹਿ ਤਪੁ ਕਰਹਿ ਨਿਤ ਤੀਰਥ ਵਾਸਾ॥	ਤ-ਪੱਸੀ	Eik Thapasee Ban Mehi Thap Karehi Nith Theerathh Vaasaa ||	Some penitents perform penance in the forests, and some dwell forever at sacred shrines.	ਅਨੇਕਾਂ ਬੰਦੇ ਤਪੀ ਬਣੇ ਹੋਏ ਹਨ, ਜੰਗਲਾਂ ਵਿਚ (ਜਾ ਕੇ) ਤਪ ਸਾਧ ਰਹੇ ਹਨ, ਤੇ ਸਦਾ ਤੀਰਥਾਂ ਉਤੇ ਨਿਵਾਸ ਰੱਖਦੇ ਹਨ।
19306	419	ਆਪੁ ਨ ਚੀਨਹਿ ਤਾਮਸੀ ਕਾਹੇ ਭਏ ਉਦਾਸਾ॥੫॥	(ਤਾਮਸੀ) ਤਮੋ ਗੁਣੀ	Aap N Cheenehi Thaamasee Kaahae Bheae Oudhaasaa ||5||	The unenlightened people do not understand themselves - why have they become renunciates? ||5||	(ਤਪਾਂ ਦੇ ਕਾਰਨ ਉਹ) ਕ੍ਰੋਧ ਨਾਲ ਭਰੇ ਰਹਿੰਦੇ ਹਨ, ਆਪਣੇ ਆਤਮਕ ਜੀਵਨ ਨੂੰ ਨਹੀਂ ਖੋਜਦੇ ਤੇ ਤਿਆਗੀ ਬਣਨ ਦਾ ਉਹਨਾਂ ਨੂੰ ਕੋਈ ਲਾਭ ਨਹੀਂ ਹੁੰਦਾ ॥੫॥

19307	419	ਇਕਿ ਬਿੰਦੁ ਜਤਨ ਕਰਿ ਰਾਖਦੇ ਸੇ ਜਤੀ ਕਹਾਵਹਿ॥		Eik Bindh Jathan Kar Raakhadhae Sae Jathee Kehaavehi ||	Some control their sexual energy, and are known as celibates.	ਅਨੇਕਾਂ ਬੰਦੇ ਐਸੇ ਹਨ ਜੋ ਜਤਨ ਕਰ ਕੇ ਵੀਰਜ ਨੂੰ ਰੋਕ ਰੱਖਦੇ ਹਨ, ਤੇ ਆਪਣੇ ਆਪ ਨੂੰ ਜਤੀ ਸਦਾਂਦੇ ਹਨ।
19308	419	ਬਿਨੁ ਗੁਰ ਸਬਦ ਨ ਛੂਟਹੀ ਭ੍ਰਮਿ ਆਵਹਿ ਜਾਵਹਿ॥੬॥		Bin Gur Sabadh N Shhoottehee Bhram Aavehi Jaavehi ||6||	But without the Guru's Word, they are not saved, and they wander in reincarnation. ||6||	ਪਰ ਗੁਰੂ ਦੇ ਸ਼ਬਦ ਤੋਂ ਬਿਨਾ ਉਹ ਭੀ (ਕ੍ਰੋਧ ਆਦਿਕ ਤਾਮਸੀ ਸੁਭਾਵ ਤੋਂ) ਖ਼ਲਾਸੀ ਨਹੀਂ ਪ੍ਰਾਪਤ ਕਰਦੇ ਤੇ (ਜਤੀ ਹੋਣ ਦੀ ਹੀ) ਭਟਕਣਾ ਵਿਚ ਪੈ ਕੇ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ ॥੬॥
19309	419	ਇਕਿ ਗਿਰਹੀ ਸੇਵਕ ਸਾਧਿਕਾ ਗੁਰਮਤੀ ਲਾਗੇ॥		Eik Girehee Saevak Saadhhikaa Guramathee Laagae ||	Some are householders, servants, and seekers, attached to the Guru's Teachings.	(ਪਰ) ਅਨੇਕਾਂ ਗ੍ਰਿਹਸਤੀ ਐਸੇ ਹਨ ਜੋ ਸੇਵਾ ਕਰਦੇ ਹਨ ਸੇਵਾ ਦੇ ਸਾਧਨ ਕਰਦੇ ਹਨ, ਤੇ ਗੁਰੂ ਦੀ ਦਿੱਤੀ ਮਤਿ ਉਤੇ ਤੁਰਦੇ ਹਨ।
19310	419	ਨਾਮੁ ਦਾਨੁ ਇਸਨਾਨੁ ਦ੍ਰਿੜੁ ਹਰਿ ਭਗਤਿ ਸੁ ਜਾਗੇ॥੭॥		Naam Dhaan Eisanaan Dhrirr Har Bhagath S Jaagae ||7||	They hold fast to the Naam, to charity, to cleansing and purification; they remain awake in devotion to the Lord. ||7||	ਉਹ ਨਾਮ ਜਪਦੇ ਹਨ, ਹੋਰਨਾਂ ਨੂੰ ਨਾਮ ਜਪਣ ਲਈ ਪ੍ਰੇਰਦੇ ਹਨ, ਆਪਣਾ ਆਚਰਨ ਪਵਿਤ੍ਰ ਰੱਖਦੇ ਹਨ ਤੇ ਉਹ ਪਰਮਾਤਮਾ ਦੀ ਭਗਤੀ ਵਿਚ ਆਪਣੇ ਆਪ ਨੂੰ ਦ੍ਰਿੜ੍ਹ ਕਰ ਕੇ (ਵਿਕਾਰਾਂ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੇ ਹਨ ॥੭॥

19311	419	ਗੁਰ ਤੇ ਦਰੁ ਘਰੁ ਜਾਣੀਐ ਸੋ ਜਾਇ ਸਿਞਾਣੈ॥	(ਸਿਞਾਣੈ) ਪਛਾਣੇ	Gur Thae Dhar Ghar Jaaneeai So Jaae Sinjaanai ||	Through the Guru, the Gate of the Lord's Home is found, and that place is recognized.	ਜੋ ਗੁਰੂ ਦੇ ਪਾਸ ਜਾਂਦਾ ਹੈ ਉਹ ਹੀ ਪਰਮਾਤਮਾ ਦਾ ਦਰ ਘਰ ਗੁਰੂ ਪਾਸੋਂ (ਗੁਰੂ ਦੀ ਸਰਨ ਪਿਆਂ) ਪਛਾਣਦਾ ਹੈ।
19312	419	ਨਾਨਕ ਨਾਮੁ ਨ ਵੀਸਰੈ ਸਾਚੇ ਮਨੁ ਮਾਨੈ॥੮॥੧੪॥		Naanak Naam N Veesarai Saachae Man Maanai ||8||14||	Nanak does not forget the Naam; his mind has surrendered to the True Lord. ||8||14||	ਹੇ ਨਾਨਕ! ਐਸਾ ਮਨੁਖ ਪਰਮਾਤਮਾ ਦਾ ਨਾਮ ਨਹੀਂ ਵਿਸਰਦਾ ਤੇ ਉਸ ਦਾ ਮਨ ਸਦਾ-ਥਿਰ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਗਿੱਝ ਜਾਂਦਾ ਹੈ ॥੮॥੧੪॥
19313	419	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
19314	419	ਮਨਸਾ ਮਨਹਿ ਸਮਾਇਲੇ ਭਉਜਲੁ ਸਚਿ ਤਰਣਾ॥	(ਮਨਸਾ) ਮਾਇਕੀ ਇੱਛਾ। (ਸਮਾਇਲੇ) ਖਤਮ ਕਰੇ। (ਭਉਜਲੁ) ਸੰਸਾਰ ਸਮੁੰਦ੍ਰ	Manasaa Manehi Samaaeilae Bhoujal Sach Tharanaa ||	Stilling the desires of the mind, the mortal truly crosses over the terrifying world-ocean.	ਮਾਇਕ ਫੁਰਨਾ ਮਨ ਵਿਚ ਹੀ ਲੀਨ ਕਰ ਦੇਹ! ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਜੁੜਿਆਂ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ।
19315	419	ਆਦਿ ਜੁਗਾਦਿ ਦਇਆਲੁ ਤੂ ਠਾਕੁਰ ਤੇਰੀ ਸਰਣਾ॥੧॥	ਜੁੱਗਾਦਿ	Aadh Jugaadh Dhaeiaal Thoo Thaakur Thaeree Saranaa ||1||	In the very beginning, and throughout the ages, You have been the Merciful Lord and Master; I seek Your Sanctuary. ||1||	ਹੇ ਸ੍ਰਿਸ਼ਟੀ ਦੇ ਮੁੱਢ ਪ੍ਰਭੂ! ਹੇ ਜੁਗਾਂ ਤੋਂ ਭੀ ਪਹਿਲਾਂ ਦੇ ਪ੍ਰਭੂ! ਹੇ ਸਭ ਦੇ ਪਾਲਣ ਵਾਲੇ ਪ੍ਰਭੂ! ਤੂੰ ਸਭ ਜੀਵਾਂ ਉਤੇ ਦਇਆ ਕਰਨ ਵਾਲਾ ਹੈਂ। ਮੈਂ ਤੇਰੀ ਸਰਨ ਆਇਆ ਹਾਂ! ॥੧॥

19316	419	ਤੂ ਦਾਤੋ ਹਮ ਜਾਚਿਕਾ ਹਰਿ ਦਰਸਨੁ ਦੀਜੈ॥	(ਜਾਚਿਕਾ) ਮੰਗਤੇ	Thoo Dhaatha Ham Jaachikaa Har Dharasan Dheejai ||	You are the Giver, and I am a mere beggar. Lord, please grant me the Blessed Vision of Your Darshan.	ਹੇ ਹਰੀ! ਤੂੰ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈਂ, ਅਸੀਂ ਜੀਵ (ਤੇਰੇ ਦਰ ਦੇ) ਮੰਗਤੇ ਹਾਂ, (ਸਾਨੂੰ) ਦਰਸਨ ਦੇਹ।
19317	419	ਗੁਰਮੁਖਿ ਨਾਮੁ ਧਿਆਈਐ ਮਨ ਮੰਦਰੁ ਭੀਜੈ॥੧॥ਰਹਾਉ॥		Guramukh Naam Dhhiaaeeai Man Mandhar Bheejai ||1|| Rehaao ||	The Gurmukh meditates on the Naam; the temple of his mind resounds with joy. ||1||Pause||	ਗੁਰੂ ਦੀ ਸਰਨ ਪਿਆਂ ਹੀ ਪਰਮਾਤਮਾ ਦਾ ਨਾਮ ਸਿਮਰਿਆ ਜਾ ਸਕਦਾ ਹੈ, (ਜੋ ਸਿਮਰਦਾ ਹੈ, ਉਸ ਦੇ) ਮਨ ਦਾ ਮੰਦਰ (ਹਰਿ-ਨਾਮ ਨਾਲ) ਭਿੱਜ ਜਾਂਦਾ ਹੈ ॥੧॥ ਰਹਾਉ ॥
19318	419	ਕੂੜਾ ਲਾਲਚੁ ਛੋਡੀਐ ਤਉ ਸਾਚੁ ਪਛਾਣੈ॥		Koorraa Laalach Shhoddeeai Tho Saach Pashhaanai ||	Renouncing false greed, one comes to realize the Truth.	ਭੈੜਾ ਲਾਲਚ ਛੱਡਣ ਨਾਲ ਹੀ ਸਦਾ-ਥਿਰ ਪ੍ਰਭੂ ਨਾਲ ਸਾਂਝ ਪੈਂਦੀ ਹੈ।
19319	419	ਗੁਰ ਕੈ ਸਬਦਿ ਸਮਾਈਐ ਪਰਮਾਰਥੁ ਜਾਣੈ॥੨॥	(ਪਰਮਾਰਥੁ) ਉੱਚਾ ਧਨ ਵਾਹਿਗੁਰੂ ਜੀ	Gur Kai Sabadh Samaaeeai Paramaarathh Jaanai ||2||	So let yourself be absorbed in the Word of the Guru's Shabad, and know this supreme realization. ||2||	ਗੁਰੂ ਦੇ ਸ਼ਬਦ ਦੀ ਰਾਹੀਂ ਹੀ (ਪਰਮਾਤਮਾ ਦੇ ਨਾਮ ਵਿਚ) ਲੀਨ ਹੋ ਕੇ ਉਹ ਜੀਵਨ ਦੇ ਸਭ ਤੋਂ ਉੱਚੇ ਮਨੋਰਥ ਨੂੰ ਸਮਝ ਲਈਦਾ ਹੈ ॥੨॥
19320	419	ਇਹੁ ਮਨੁ ਰਾਜਾ ਲੋਭੀਆ ਲੁਭਤਉ ਲੋਭਾਈ॥	(ਲੁੱਭ-ਤਉ) ਲੋਭ ਚ ਫਸਿਆ	Eihu Man Raajaa Lobheeaa Lubhatho Lobhaaee ||	This mind is a greedy king, engrossed in greed.	ਇਹ (ਮਾਇਆ ਦਾ) ਲੋਭੀ ਮਨ (ਸਰੀਰ-ਨਗਰ ਦਾ) ਰਾਜਾ (ਬਣ ਬੈਠਦਾ ਹੈ) ਲੋਭ ਵਿਚ ਫਸਿਆ ਹੋਇਆ (ਸਦਾ) ਮਾਇਆ ਦਾ ਲੋਭ ਕਰਦਾ ਰਹਿੰਦਾ ਹੈ।

19321	419	ਗੁਰਮੁਖਿ ਲੋਭੁ ਨਿਵਾਰੀਐ ਹਰਿ ਸਿਉ ਬਣਿ ਆਈ॥੩॥	(ਨਿਵਾਰੀਐ) ਦੂਰ ਕਰੀਏ	Guramukh Lobh Nivaareeai Har Sio Ban Aaee ||3||	The Gurmukh eliminates his greed, and comes to an understanding with the Lord. ||3||	ਗੁਰੂ ਦੀ ਸਰਨ ਪੈ ਕੇ ਹੀ ਇਹ ਲੋਭ ਦੂਰ ਕੀਤਾ ਜਾ ਸਕਦਾ ਹੈ (ਜੇਹੜਾ ਮਨੁੱਖ ਲੋਭ ਦੂਰ ਕਰ ਲੈਂਦਾ ਹੈ, ਉਸ ਦੀ) ਪਰਮਾਤਮਾ ਨਾਲ ਪ੍ਰੀਤ ਬਣ ਜਾਂਦੀ ਹੈ ॥੩॥
19322	419	ਕਲਰਿ ਖੇਤੀ ਬੀਜੀਐ ਕਿਉ ਲਾਹਾ ਪਾਵੈ॥	ਕੱਲਰਿ	Kalar Khaethee Beejeeai Kio Laahaa Paavai ||	Planting the seeds in the rocky soil, how can one reap a profit?	ਜੇ ਕੱਲਰ ਵਿਚ ਖੇਤੀ ਬੀਜੀ ਜਾਏ, ਤਾਂ (ਬੀਜਣ ਵਾਲਾ) ਉਸ ਵਿਚੋਂ ਲਾਭ ਨਹੀਂ ਖੱਟ ਸਕਦਾ।
19323	419	ਮਨਮੁਖੁ ਸਚਿ ਨ ਭੀਜਈ ਕੂੜੁ ਕੂੜਿ ਗਡਾਵੈ॥੪॥	(ਗੱਡਾਵੈ) ਖੁੱਭਦਾ। ਭੀੱਜਈ	Manamukh Sach N Bheejee Koorr Koorr Gaddaavai ||4||	The self-willed manmukh is not pleased with Truth; the false are buried in falsehood. ||4||	ਆਪਣੇ ਮਨ ਦੇ ਪਿਛੇ ਤੁਰਨ ਵਾਲਾ ਮਨੁੱਖ ਸਦਾ-ਥਿਰ ਪ੍ਰਭੂ ਵਿਚ ਰਚ-ਮਿਚ ਨਹੀਂ ਸਕਦਾ ਤੇ ਝੂਠ ਝੂਠ ਵਿਚ ਹੀ ਰਲਦਾ ਹੈ ॥੪॥
19324	419	ਲਾਲਚੁ ਛੋਡਹੁ ਅੰਧਿਹੋ ਲਾਲਚਿ ਦੁਖੁ ਭਾਰੀ॥		Laalach Shhoddahu Andhhiho Laalach Dhukh Bhaaree ||	So renounce greed - you are blind! Greed only brings pain.	ਹੇ ਮਾਇਆ-ਮੋਹ ਵਿਚ ਅੰਨ੍ਹੇ ਹੋਏ ਜੀਵੋ! ਮਾਇਆ ਦਾ ਲਾਲਚ ਛੱਡ ਦੇਵਹੁ! ਲਾਲਚ ਵਿਚ (ਫਸਿਆਂ) ਭਾਰੀ ਦੁੱਖ ਸਹਿਣਾ ਪੈਂਦਾ ਹੈ।
19325	419	ਸਾਚੌ ਸਾਹਿਬੁ ਮਨਿ ਵਸੈ ਹਉਮੈ ਬਿਖੁ ਮਾਰੀ॥੫॥		Saacha Saahib Man Vasai Houmai Bikh Maaree ||5||	When the True Lord dwells within the mind, the poisonous ego is conquered. ||5||	ਜਿਸ ਮਨੁੱਖ ਦੇ ਮਨ ਵਿਚ (ਲਾਲਚ ਦੇ ਥਾਂ) ਸਦਾ-ਥਿਰ ਮਾਲਕ ਵੱਸ ਪੈਂਦਾ ਹੈ, ਉਹ ਹਉਮੈ ਦੀ ਜ਼ਹਰ ਨੂੰ ਮਾਰ ਲੈਂਦਾ ਹੈ (ਉਸ ਹਉਮੈ ਨੂੰ ਮਾਰ ਮੁਕਾਂਦਾ ਹੈ ਜੋ ਆਤਮਕ ਮੌਤ ਦਾ ਕਾਰਨ ਬਣਦੀ ਹੈ) ॥੫॥

19326	419	ਦੁਬਿਧਾ ਛੋਡਿ ਕੁਵਾਟੜੀ ਮੂਸਹੁਗੇ ਭਾਈ॥	(ਦੁਬਿਧਾ) ਦਵੈਤ ਦਾ (ਕੁ-ਵਾਟੜੀ) ਖੋਟਾ ਰਸਤਾ। (ਮੂਸਹੁ-ਗੇ) ਲੁੱਟੇ ਜਾਵੋਗੇ	Dhubidhhaa Shhodd Kuvaattarree Moosahugae Bhaaee ||	Renounce the evil way of duality, or you shall be plundered, O Siblings of Destiny.	ਦੁਬਿਧਾ ਛੱਡ ਦੇਵਹੁ, ਇਹ ਗ਼ਲਤ ਰਸਤੇ ਤੇ ਪੈ ਕੇ ਲੁੱਟੇ ਜਾਵੋਗੇ!
19327	419	ਅਹਿ ਨਿਸਿ ਨਾਮੁ ਸਲਾਹੀਐ ਸਤਿਗੁਰ ਸਰਣਾਈ॥੬॥		Ahinis Naam Salaaheeai Sathigur Saranaaee ||6||	Day and night, praise the Naam, in the Sanctuary of the True Guru's protection. ||6||	ਸਤਿਗੁਰੂ ਦੀ ਸਰਨ ਪੈ ਕੇ ਦਿਨ ਰਾਤ ਪਰਮਾਤਮਾ ਦੇ ਨਾਮ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ ॥੬॥
19328	419	ਮਨਮੁਖ ਪਥਰੁ ਸੈਲੁ ਹੈ ਧ੍ਰਿਗੁ ਜੀਵਣੁ ਫੀਕਾ॥	(ਸੈਲੁ) ਪਹਾੜ	Manamukh Pathhar Sail Hai Dhhrig Jeevan Feekaa ||	The self-willed manmukh is a rock, a stone. His life is cursed and useless.	ਮਨ ਦਾ ਮੁਰੀਦ ਮਨੁੱਖ ਪੱਥਰ ਦੀ ਚਟਾਨ ਹੈ (ਚਟਾਨ ਪੱਥਰ ਵਾਂਗ ਕੁਰਖ਼ਤ ਹੈ), ਜਿਸ ਦਾ ਜੀਵਨ ਬੇ-ਸੁਆਦ ਰਹਿੰਦਾ ਹੈ ਤੇ ਫਿਟਕਾਰ-ਜੋਗ ਹੈ।
19329	419	ਜਲ ਮਹਿ ਕੇਤਾ ਰਾਖੀਐ ਅਭ ਅੰਤਰਿ ਸੂਕਾ॥੭॥	(ਅਭ) ਹਿਰਦਾ	Jal Mehi Kaethaa Raakheeai Abh Anthar Sookaa ||7||	No matter now long a stone is kept under water, it still remains dry at its core. ||7||	ਪੱਥਰ ਨੂੰ ਕਿਤਨਾ ਹੀ ਸਮਾ ਪਾਣੀ ਵਿਚ ਰੱਖਿਆ ਜਾਏ, ਤਾਂ ਵੀ ਉਹ ਅੰਦਰੋਂ ਸੁੱਕਾ ਹੀ ਰਹਿੰਦਾ ਹੈ ॥੭॥
19330	419	ਹਰਿ ਕਾ ਨਾਮੁ ਨਿਧਾਨੁ ਹੈ ਪੂਰੈ ਗੁਰਿ ਦੀਆ॥		Har Kaa Naam Nidhhaan Hai Poorai Gur Dheeaa ||	The Name of the Lord is the treasure; the Perfect Guru has given it to me.	ਪਰਮਾਤਮਾ ਦਾ ਨਾਮ (ਸਾਰੇ ਆਤਮਕ ਗੁਣਾਂ ਦਾ) ਖ਼ਜ਼ਾਨਾ ਹੈ, ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਨਾਮ ਦੇ ਦਿੱਤਾ,

19331	419	ਨਾਨਕ ਨਾਮੁ ਨ ਵੀਸਰੈ ਮਥਿ ਅੰਮ੍ਰਿਤੁ ਪੀਆ॥੮॥੧੫॥	(ਮਥਿ) ਵਿਚਾਰ ਕੇ	Naanak Naam N Veesarai Mathh Anmrith Peeaa ||8||15||	O Nanak, one who does not forget the Naam, churns and drinks in the Ambrosial Nectar. ||8||15||	ਉਹ ਹੇ ਨਾਨਕ! ਸਦਾ ਜਪ ਜਪ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਂਦਾ ਹੈ ਤੇ ਉਸ ਨੂੰ ਪਰਮਾਤਮਾ ਦਾ ਨਾਮ ਕਦੇ ਭੁੱਲਦਾ ਨਹੀਂ ॥੮॥੧੫॥
19332	419	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
19333	419	ਚਲੇ ਚਲਣਹਾਰ ਵਾਟ ਵਟਾਇਆ॥	(ਵਾਟ) ਰਸਤਾ (ਵਟਾਇਆ) ਬਦਲ ਕੇ। ਚੱਲੇ ਚੱਲਣਹਾਰ	Chalae Chalanehaar Vaatt Vattaaeiaa ||	The travellers travel from one road to another.	ਪਰਦੇਸੀ ਜੀਊੜੇ ਜੀਵਨ ਦਾ ਸਹੀ ਰਸਤਾ ਖੁੰਝ ਕੇ ਤੁਰੇ ਜਾ ਰਹੇ ਹਨ,
19334	419	ਧੰਧੁ ਪਿਟੇ ਸੰਸਾਰੁ ਸਚੁ ਨ ਭਾਇਆ॥੧॥	(ਧੰਧੁ) ਧੰਧਾ। (ਪਿੱਟੇ) ਵਿਅਰਥ ਖੇਚਲ ਕਰਦਾ	Dhhandhh Pittae Sansaar Sach N Bhaaeiaa ||1||	The world is engrossed in its entanglements, and does not appreciate the Truth. ||1||	ਉਹ ਕੰਮ ਔਖਾ ਹੋ ਹੋ ਕੇ ਗਲ ਵਿਚ ਮਾਇਆ ਦੇ ਜੰਜਾਲ ਪਾਈ ਰਖਦੇ ਹਨ ਤੇ ਉਹਨਾਂ ਨੂੰ ਸਦਾ-ਥਿਰ ਪ੍ਰਭੂ ਦਾ ਨਾਮ ਪਿਆਰਾ ਨਹੀਂ ਲੱਗਦਾ ॥੧॥
19335	419	ਕਿਆ ਭਵੀਐ ਕਿਆ ਢੂਢੀਐ ਗੁਰ ਸਬਦਿ ਦਿਖਾਇਆ॥	(ਭਵੀਐ) ਭਟਕੀਏ	Kiaa Bhaveeai Kiaa Dtoodteeai Gur Sabadh Dhikhaaeiaa ||	Why wander around, and why go searching, when the Guru's Shabad reveals Him to us?	ਜਿਸ ਨੇ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਨੂੰ ਵੇਖ ਲਿਆ ਹੈ, ਉਸ ਦੀ ਭਟਕਣਾ ਮੁੱਕ ਜਾਂਦੀ ਹੈ, ਉਸ ਨੂੰ ਕਿਸੇ ਹੋਰ ਥਾਂ ਸੁਖ ਭਾਲਣ ਦੀ ਲੋੜ ਨਹੀਂ ਪੈਂਦੀ।

19336	419	ਮਮਤਾ ਮੋਹੁ ਵਿਸਰਜਿਆ ਅਪਨੈ ਘਰਿ ਆਇਆ॥੧॥ਰਹਾਉ ॥	(ਵਿ-ਸਰਜਿਆ) ਵਿਦਿਆ ਹੋ ਗਿਆ	Mamathaa Mohu Visarajiaa Apanai Ghar Aaeiaa ||1|| Rehaao ||	Leaving behind egotism and attachment, I have arrived at my own home. ||1||Pause||	ਉਹ ਆਪਣੇ ਅੰਦਰੋਂ ਮਮਤਾ ਤੇ ਮਾਇਆ ਦੀ ਮੋਹ ਦੂਰ ਕਰ ਦੇਂਦਾ ਹੈ, ਤੇ ਉਹ ਆਪਣੇ ਅਸਲੀ ਘਰ (ਪ੍ਰਭੂ) ਵਿਚ ਸਦਾ ਲਈ ਟਿਕ ਜਾਂਦਾ ਹੈ ॥੧॥ ਰਹਾਉ ॥
19337	419	ਸਚਿ ਮਿਲੈ ਸਚਿਆਰੁ ਕੂੜਿ ਨ ਪਾਈਐ॥		Sach Milai Sachiaar Koorr N Paaeeai ||	Through Truth, one meets the True One; He is not obtained through falsehood.	ਸੱਚ ਦਾ ਵਪਾਰੀ ਜੀਵ ਸਦਾ-ਥਿਰ ਪ੍ਰਭੂ ਵਿਚ ਜੁੜ ਕੇ (ਪ੍ਰਭੂ ਨੂੰ) ਮਿਲ ਪੈਂਦਾ ਹੈ, ਝੂਠੇ ਪਦਾਰਥਾਂ ਦੇ ਮੋਹ ਵਿਚ ਲੱਗਿਆਂ ਪ੍ਰਭੂ ਨਹੀਂ ਮਿਲਦਾ।
19338	419	ਸਚੇ ਸਿਉ ਚਿਤੁ ਲਾਇ ਬਹੁੜਿ ਨ ਆਈਐ॥੨॥		Sachae Sio Chith Laae Bahurr N Aaeeai ||2||	Centering your consciousness on the True Lord, you shall not have to come into the world again. ||2||	ਸਦਾ-ਥਿਰ ਪਰਮਾਤਮਾ ਵਿਚ ਚਿੱਤ ਜੋੜਿਆਂ ਮੁੜ ਮੁੜ ਜਨਮ ਵਿਚ ਨਹੀਂ ਆਵੀਦਾ ॥੨॥
19339	419	ਮੋਇਆ ਕਉ ਕਿਆ ਰੋਵਹੁ ਰੋਇ ਨ ਜਾਣਹੂ॥		Moeiaa Ko Kiaa Rovahu Roe N Jaanehoo ||	Why do you weep for the dead? You do not know how to weep.	ਤੁਸੀਂ ਮਰੇ ਸੰਬੰਧੀਆਂ ਨੂੰ ਰੋਂਦੇ ਹੋ (ਉਹਨਾਂ ਦੀ ਖ਼ਾਤਰ ਵੈਰਾਗ ਕਰਦੇ ਹੋ) ਇਹ ਵਿਅਰਥ ਕੰਮ ਹੈ, ਅਸਲ ਵੈਰਾਗ ਵਿਚ ਆਉਣ ਦੀ ਤੁਹਾਨੂੰ ਜਾਚ ਨਹੀਂ।

19340	419	ਰੋਵਹੁ ਸਚੁ ਸਲਾਹਿ ਹੁਕਮੁ ਪਛਾਣਹੂ॥੩॥		Rovahu Sach Salaahi Hukam Pashhaanehoo ||3||	Weep by praising the True Lord, and recognize His Command. ||3||	ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨ ਦੀ ਵੈਰਾਗ ਵਿੱਚ ਆਵੋ ਤੇ ਸਮਝੋ ਕਿ ਇਹ (ਕਿ ਜੰਮਣਾ ਮਰਨਾ) ਪਰਮਾਤਮਾ ਦਾ ਹੁਕਮ ਹੈ ॥੩॥
19341	419	ਹੁਕਮੀ ਵਜਹੁ ਲਿਖਾਇ ਆਇਆ ਜਾਣੀਐ॥	ਵਜਹੁ:ਪੋਲਾ ਬੋਲੋ। (ਵਜਹੁ) ਤਨਖ਼ਾਹ	Hukamee Vajahu Likhaae Aaeiaa Jaaneeai ||	Blessed is the birth of one who is destined to abide by the Lord's Command.	ਇਹ ਗੱਲ ਸਮਝਣੀ ਚਾਹੀਦੀ ਹੈ ਕਿ ਹਰੇਕ ਜੀਵ ਪਰਮਾਤਮਾ ਦੀ ਰਜ਼ਾ ਵਿਚ ਹੀ ਰੋਜ਼ੀ ਲਿਖਾ ਕੇ ਜਗਤ ਵਿਚ ਆਉਂਦਾ ਹੈ।
19342	419	ਲਾਹਾ ਪਲੈ ਪਾਇ ਹੁਕਮੁ ਸਿਞਾਣੀਐ॥੪॥		Laahaa Palai Paae Hukam Sinjaaneeai ||4||	He obtains the true profit, realizing the Lord's Command. ||4||	ਉਸ ਦੀ ਰਜ਼ਾ ਨੂੰ ਪਛਾਨਣਾ ਚਾਹੀਦਾ ਹੈ, ਇਸ ਤਰ੍ਹਾਂ ਹੀ ਜੀਵਨ ਲਾਭ ਮਿਲਦਾ ਹੈ ॥੪॥
19343	420	ਹੁਕਮੀ ਪੈਧਾ ਜਾਇ ਦਰਗਹ ਭਾਣੀਐ॥	(ਪੈਧਾ) ਸਰੋਪਾ ਪਹਿਨਦਾ। (ਭਾਣੀਐ) ਚੰਗਾ ਲੱਗੇ	Hukamee Paidhhaa Jaae Dharageh Bhaaneeai ||	If it pleases the Commander, one goes to His Court, robed in honor.	ਪਰਮਾਤਮਾ ਦੀ ਰਜ਼ਾ ਵਿਚ ਹੀ (ਮਮਤਾ ਮੋਹ ਵਿਸਾਰ ਕੇ) ਜੀਵ ਇਥੋਂ ਇੱਜ਼ਤ ਖੱਟ ਕੇ ਜਾਂਦਾ ਹੈ ਤੇ ਪ੍ਰਭੂ ਦੀ ਦਰਗਾਹ ਵਿਚ ਭੀ ਆਦਰ ਪਾਂਦਾ ਹੈ,
19344	420	ਹੁਕਮੇ ਹੀ ਸਿਰਿ ਮਾਰ ਬੰਦਿ ਰਬਾਣੀਐ॥੫॥	(ਰਬਾਣੀਐ) ਰੱਬ ਦੇ (ਬੰਦਿ) ਬੰਦੀਖਾਨੇ ਚ । (ਦੂਜਾ ਪਾਠ: ਬੰਦਿਰ ਬਾਣੀਐ)	Hukamae Hee Sir Maar Bandh Rabaaneeai ||5||	By His Command, God's slaves are hit over the head. ||5||	ਪ੍ਰਭੂ ਦੀ ਰਜ਼ਾ ਵਿਚ ਹੀ (ਮਮਤਾ ਮੋਹ ਵਿਚ ਫਸਣ ਕਰਕੇ) ਜੀਵਾਂ ਨੂੰ ਸਿਰ ਉਤੇ ਮਾਰ ਪੈਂਦੀ ਹੈ ਤੇ (ਜਨਮ ਮਰਨ ਦੀ) ਰੱਬੀ ਕੈਦ ਵਿਚ ਜੀਵ ਪੈਂਦੇ ਹਨ ॥੫॥

19345	420	ਲਾਹਾ ਸਚੁ ਨਿਆਉ ਮਨਿ ਵਸਾਈਐ॥		Laahaa Sach Niaao Man Vasaaeeai ||	The profit is earned by enshrining Truth and justice in the mind.	ਜੇ ਇਹ ਗੱਲ ਮਨ ਵਿਚ ਵਸਾ ਲਈਏ ਕਿ (ਹਰ ਥਾਂ) ਪਰਮਾਤਮਾ ਦਾ ਨਿਆਂ ਹੀ ਵਰਤ ਰਿਹਾ ਹੈ, ਤਾਂ ਸਦਾ-ਥਿਰ ਪ੍ਰਭੂ ਦਾ ਨਾਮ-ਲਾਭ ਖੱਟ ਲਈਦਾ ਹੈ।
19346	420	ਲਿਖਿਆ ਪਲੈ ਪਾਇ ਗਰਬੁ ਵਞਾਈਐ॥੬॥	(ਵਞਾਈਐ) ਦੂਰ ਕਰੀਏ	Likhiaa Palai Paae Garab Vanjaaeeai ||6||	They obtain what is written in their destiny, and overcome pride. ||6||	ਮਾਣ ਦੂਰ ਕਰ ਦੇਣਾ ਚਾਹੀਦਾ ਹੈ, (ਪ੍ਰਭੂ ਦੀ ਰਜ਼ਾ ਵਿਚ ਹੀ) ਹਰੇਕ ਜੀਵ ਆਪਣੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਪ੍ਰਾਪਤੀ ਕਰਦਾ ਹੈ ॥੬॥
19347	420	ਮਨਮੁਖੀਆ ਸਿਰਿ ਮਾਰ ਵਾਦਿ ਖਪਾਈਐ॥	(ਵਾਦਿ) ਝਗੜਿਆਂ ਚ (ਖਪਾਈਐ) ਖਪਦੇ	Manamukheeaa Sir Maar Vaadh Khapaaeeai ||	The self-willed manmukhs are hit over the head, and consumed by conflict.	ਜੇਹੜੀ ਜੀਵ-ਇਸਤ੍ਰੀ ਆਪਣੇ ਮਨ ਦੀ ਅਗਵਾਈ ਵਿਚ ਤੁਰਦੀ ਹੈ ਉਸ ਦੇ ਸਿਰ ਉਤੇ (ਜਨਮ ਮਰਨ ਦੇ ਗੇੜ ਦੀ) ਮਾਰ ਹੈ, ਉਹ (ਮਮਤਾ ਮੋਹ ਦੇ) ਝਗੜੇ ਵਿਚ ਹੀ ਖ਼ੁਆਰ ਹੁੰਦੀ ਹੈ।
19348	420	ਠਗਿ ਮੁਠੀ ਕੂੜਿਆਰ ਬੰਨ੍ਹਿ ਚਲਾਈਐ॥੭॥	(ਮੁੱਠੀ) ਲੁੱਟੀ ਗਈ। ਠੱਗਿ	Thag Muthee Koorriaar Bannih Chalaaeeai ||7||	The cheaters are plundered by falsehood; they are chained and led away. ||7||	ਕੂੜ ਦੀ ਵਪਾਰਨ ਜੀਵ-ਇਸਤ੍ਰੀ (ਮਮਤਾ ਮੋਹ ਵਿਚ ਹੀ) ਠੱਗੀ ਜਾਂਦੀ ਹੈ ਲੁੱਟੀ ਜਾਂਦੀ ਹੈ, (ਮੋਹ ਦੀ ਫਾਹੀ ਵਿਚ ਬੱਝੀ ਹੋਈ ਹੀ ਇਥੋਂ ਪਰਲੋਕ ਵਲ ਤੋਰੀ ਜਾਂਦੀ ਹੈ) ॥੭॥

19349	420	ਸਾਹਿਬੁ ਰਿਦੈ ਵਸਾਇ ਨ ਪਛੋਤਾਵਹੀ॥		Saahib Ridhai Vasaae N Pashhothaavehee ||	Enshrine the Lord Master in your mind, and you shall not have to repent.	ਮਾਲਕ-ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾ, (ਅੰਤ ਨੂੰ) ਪਛੁਤਾਉਣਾ ਨਹੀਂ ਪਏਗਾ।
19350	420	ਗੁਨਹਾਂ ਬਖਸਣਹਾਰੁ ਸਬਦੁ ਕਮਾਵਹੀ॥੮॥		Gunehaan Bakhasanehaar Sabadh Kamaavehee ||8||	He forgives our sins, when we practice the Teachings of the Guru's Word. ||8||	ਉਸ ਪ੍ਰਭੂ ਦੀ ਸਿਫ਼ਤ-ਸਾਲਾਹ ਕਰ, ਉਹ ਸਾਰੇ ਗੁਨਾਹ ਬਖ਼ਸ਼ਣ ਵਾਲਾ ਹੈ ॥੮॥
19351	420	ਨਾਨਕੁ ਮੰਗੈ ਸਚੁ ਗੁਰਮੁਖਿ ਘਾਲੀਐ॥	(ਘਾਲੀਐ) ਕਮਾਈਏ	Naanak Mangai Sach Guramukh Ghaaleeai ||	Nanak begs for the True Name, which is obtained by the Gurmukh.	ਹੇ ਪ੍ਰਭੂ! ਨਾਨਕ ਤੇਰਾ ਸਦਾ-ਥਿਰ ਨਾਮ ਮੰਗਦਾ ਹੈ, (ਤੇਰੀ ਮੇਹਰ ਹੋਵੇ ਤਾਂ) ਗੁਰੂ ਦੀ ਸਰਨ ਪੈ ਕੇ ਮੈਂ ਇਹ ਘਾਲ-ਕਮਾਈ ਕਰਾਂ।
19352	420	ਮੈ ਤੁਝ ਬਿਨੁ ਅਵਰੁ ਨ ਕੋਇ ਨਦਰਿ ਨਿਹਾਲੀਐ॥੯॥੧੬॥		Mai Thujh Bin Avar N Koe Nadhar Nihaaleeai ||9||16||	Without You, I have no other at all; please, bless me with Your Glance of Grace. ||9||16||	ਤੈਥੋਂ ਬਿਨਾ ਮੇਰਾ ਕੋਈ ਹੋਰ ਆਸਰਾ ਨਹੀਂ ਹੈ, ਮੇਰੇ ਵਲ ਆਪਣੀ ਮੇਹਰ ਦੀ ਨਿਗਾਹ ਨਾਲ ਵੇਖ ॥੯॥੧੬॥
19353	420	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	

19354	420	ਕਿਆ ਜੰਗਲੁ ਢੂਢੀ ਜਾਇ ਮੈ ਘਰਿ ਬਨੁ ਹਰੀਆਵਲਾ॥	ਹਰੀ-ਆਵਲਾ	Kiaa Jangal Dtoodtee Jaae Mai Ghar Ban Hareeaavalaa ||	Why should I go searching in the forests, when the woods of my home are so green?	ਜੰਗਲ ਨੂੰ ਢੰਡਣ ਦੀ ਕੀ ਲੋੜ ਹੈ? ਜਿਸ ਮਨੁੱਖ ਨੂੰ ਪਰਮਾਤਮਾ ਹਰ ਥਾਂ ਦਿੱਸ ਪਏ ਉਸ ਦੇ ਘਰ ਵਿਚ ਹੀ ਹਰੀਆਵਲਾ ਜੰਗਲ ਹੈ।
19355	420	ਸਚਿ ਟਿਕੈ ਘਰਿ ਆਇ ਸਬਦਿ ਉਤਾਵਲਾ॥੧॥	(ਉਤਾਵਲਾ) ਛੇਤੀ। ਟਿਕੈ: ਪੋਲਾ ਬੋਲੋ	Sach Ttikai Ghar Aae Sabadh Outhaavalaa ||1||	The True Word of the Shabad has instantaneously come and settled in my heart. ||1||	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਸਦਾ-ਥਿਰ ਪ੍ਰਭੂ ਵਿਚ ਟਿਕਦਾ ਹੈ, ਪਰਮਾਤਮਾ ਤੁਰਤ ਉਸ ਦੇ ਹਿਰਦੇ-ਘਰ ਆ ਵੱਸਦਾ ਹੈ ॥੧॥
19356	420	ਜਹ ਦੇਖਾ ਤਹ ਸੋਇ ਅਵਰੁ ਨ ਜਾਣੀਐ॥		Jeh Dhaekhaa Theh Soe Avar N Jaaneeai ||	Wherever I look, there He is; I know no other.	ਮੈਂ ਜਿਧਰ ਵੇਖਦਾ ਹਾਂ, ਮੈਨੂੰ ਉਧਰ ਉਹ (ਪਰਮਾਤਮਾ) ਹੀ ਦਿੱਸਦਾ ਹੈ ਤੇ ਉਸ ਪ੍ਰਭੂ ਤੋਂ ਬਿਨਾ ਕੋਈ ਹੋਰ ਨਹੀਂ ਹੈ।
19357	420	ਗੁਰ ਕੀ ਕਾਰ ਕਮਾਇ ਮਹਲੁ ਪਛਾਣੀਐ॥੧॥ਰਹਾਉ॥		Gur Kee Kaar Kamaae Mehal Pashhaaneeai ||1|| Rehaao ||	Working for the Guru, one realizes the Mansion of the Lord's Presence. ||1||Pause||	ਗੁਰੂ ਦੀ ਦੱਸੀ ਕਾਰ ਕਮਾ ਕੇ (ਹਰ ਥਾਂ ਪਰਮਾਤਮਾ ਦਾ) ਟਿਕਾਣਾ (ਨਿਵਾਸ) ਪਛਾਣ ਲਈਦਾ ਹੈ ॥੧॥ ਰਹਾਉ ॥
19358	420	ਆਪਿ ਮਿਲਾਵੈ ਸਚੁ ਤਾ ਮਨਿ ਭਾਵਈ॥	ਭਾਵ-ਈ	Aap Milaavai Sach Thaa Man Bhaavee ||	The True Lord blends us with Himself, when it is pleasing to His Mind.	ਜਦੋਂ ਸਦਾ-ਥਿਰ ਪ੍ਰਭੂ ਆਪ (ਕਿਸੇ ਜੀਵ ਨੂੰ ਆਪਣੇ ਚਰਨਾਂ ਵਿਚ) ਮਿਲਾਂਦਾ ਹੈ ਤਦੋਂ ਉਹ ਉਸ ਜੀਵ ਦੇ ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ।

19359	420	ਚਲੈ ਸਦਾ ਰਜਾਇ ਅੰਕਿ ਸਮਾਵਈ॥੨॥	(ਅੰਕਿ) ਸਰੂਪ ਚ। ਸਮਾਵ-ਈ	Chalai Sadhaa Rajaae Ank Samaavee ||2||	One who ever walks in accordance with His Will, merges into His Being. ||2||	ਉਹ ਜੀਵ ਸਦਾ ਉਸ ਦੀ ਰਜ਼ਾ ਵਿਚ ਤੁਰਦਾ ਹੈ, ਤੇ ਉਸ ਦੀ ਗੋਦ ਵਿਚ ਲੀਨ ਹੋ ਜਾਂਦਾ ਹੈ ॥੨॥
19360	420	ਸਚਾ ਸਾਹਿਬੁ ਮਨਿ ਵਸੈ ਵਸਿਆ ਮਨਿ ਸੋਈ॥		Sachaa Saahib Man Vasai Vasiaa Man Soee ||	When the True Lord dwells in the mind, that mind flourishes.	ਸਦਾ-ਥਿਰ ਮਾਲਕ ਜਿਸ ਮਨੁੱਖ ਦੇ ਮਨ ਵਿਚ ਵੱਸ ਪੈਂਦਾ ਹੈ, ਉਸ ਮਨੁੱਖ ਨੂੰ ਆਪਣੇ ਮਨ ਵਿਚ ਵੱਸਿਆ ਹੋਇਆ ਉਹੀ ਪ੍ਰਭੂ (ਹਰ ਥਾਂ ਦਿੱਸਦਾ ਹੈ)।
19361	420	ਆਪੇ ਦੇ ਵਡਿਆਈਆ ਦੇ ਤੋਟਿ ਨ ਹੋਈ॥੩॥	(ਤੋਟਿ) ਘਾਟਾ	Aapae Dhae Vaddiaaeeaa Dhae Thott N Hoee ||3||	He Himself grants greatness; His Gifts are never exhausted. ||3||	(ਉਸ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ) ਪ੍ਰਭੂ ਆਪ ਹੀ ਵਡਿਆਈਆਂ ਦੇਂਦਾ ਹੈ (ਤੇ ਉਸ ਦੇ ਖ਼ਜ਼ਾਨੇ ਵਿਚ ਇਤਨੀਆਂ ਵਡਿਆਈਆਂ ਹਨ ਕਿ) ਦੇਂਦਿਆਂ ਉਹ ਘਟਦੀਆਂ ਨਹੀਂ ॥੩॥
19362	420	ਅਬੇ ਤਬੇ ਕੀ ਚਾਕਰੀ ਕਿਉ ਦਰਗਹ ਪਾਵੈ॥	(ਅਬੇ ਤਬੇ) ਅਭਿਮਾਨੀ ਲੋਕਾਂ ਦੀ।: ਪੋਲਾ ਬੋਲੋ	Abae Thabae Kee Chaakaree Kio Dharageh Paavai ||	Serving this and that person, how can one obtain the Lord's Court?	(ਗੁਰੂ ਦੀ ਦੱਸੀ ਕਾਰ ਕਮਾਈ ਛੱਡ ਕੇ) ਧਿਰ ਧਿਰ ਦੀ ਖ਼ੁਸ਼ਾਮਦ ਕੀਤਿਆਂ ਪਰਮਾਤਮਾ ਦੀ ਹਜ਼ੂਰੀ ਪ੍ਰਾਪਤ ਨਹੀਂ ਹੋ ਸਕਦੀ।
19363	420	ਪਥਰ ਕੀ ਬੇੜੀ ਜੇ ਚੜੈ ਭਰਨਾਲਿ ਬੁਡਾਵੈ॥੪॥	(ਭਰਨਾਲਿ) ਸਮੁੰਦ੍ਰ। (ਬੁਡਾਵੈ) ਡੁਬਾਵੈ। (ਦੂਜਾ ਪਾਠ: ਭਰ ਨਾਲਿ)	Pathhar Kee Baerree Jae Charrai Bhar Naal Buddaavai ||4||	If someone embarks on a boat of stone, he shall drown with its cargo. ||4||	(ਧਿਰ ਧਿਰ ਦੀ ਖ਼ੁਸ਼ਾਮਦ ਕਰਨਾ ਇਉਂ ਹੈ, ਜਿਵੇਂ ਪੱਥਰ ਦੀ ਬੇੜੀ ਵਿਚ ਸਵਾਰ ਹੋਣਾ, ਤੇ ਜੋ ਮਨੁੱਖ ਇਸ) ਪੱਥਰ ਦੀ ਬੇੜੀ ਵਿਚ ਸਵਾਰ ਹੁੰਦਾ ਹੈ, ਉਹ (ਸੰਸਾਰ-) ਸਮੁੰਦਰ ਵਿਚ ਡੁੱਬ ਜਾਂਦਾ ਹੈ ॥੪॥

19364	420	ਆਪਨੜਾ ਮਨੁ ਵੇਚੀਐ ਸਿਰੁ ਦੀਜੈ ਨਾਲੇ॥		Aapanarraa Man Vaecheeai Sir Dheejai Naalae ||	So offer your mind, and surrender your head with it.	ਜੇ ਆਪਣਾ ਮਨ (ਗੁਰੂ ਅੱਗੇ) ਵੇਚ ਦੇਈਏ, ਤੇ ਆਪਣਾ ਸਿਰ ਭੀ ਦੇਈਏ (ਭਾਵ, ਆਪਣੇ ਮਨ ਦੇ ਪਿਛੇ ਤੁਰਨ ਦੇ ਥਾਂ ਗੁਰੂ ਦੀ ਮਤਿ ਤੇ ਤੁਰੀਏ ਅਤੇ ਆਪਣੀ ਅਕਲ ਦਾ ਮਾਣ ਭੀ ਛੱਡ ਦੇਈਏ),
19365	420	ਗੁਰਮੁਖਿ ਵਸਤੁ ਪਛਾਣੀਐ ਅਪਨਾ ਘਰੁ ਭਾਲੇ॥੫॥		Guramukh Vasath Pashhaaneeai Apanaa Ghar Bhaalae ||5||	The Gurmukh realizes the true essence, and finds the home of his own self. ||5||	ਤਾਂ ਗੁਰੂ ਦੀ ਰਾਹੀਂ ਆਪਣਾ ਹਿਰਦਾ-ਘਰ ਭਾਲ ਕੇ (ਆਪਣੇ ਅੰਦਰ ਹੀ) ਨਾਮ-ਪਦਾਰਥ ਪਛਾਣ ਲਈਦਾ ਹੈ ॥੫॥
19366	420	ਜੰਮਣ ਮਰਣਾ ਆਖੀਐ ਤਿਨਿ ਕਰਤੈ ਕੀਆ॥		Janman Maranaa Aakheeai Thin Karathai Keeaa ||	People discuss birth and death; the Creator created this.	ਹਰ ਕੋਈ ਜਨਮ ਮਰਨ ਦੇ ਗੇੜ ਦਾ ਜ਼ਿਕਰ ਕਰਦਾ ਹੈ, ਇਹ ਕਰਤਾਰ ਨੇ ਆਪ ਹੀ ਬਣਾਇਆ ਹੈ।
19367	420	ਆਪੁ ਗਵਾਇਆ ਮਰਿ ਰਹੇ ਫਿਰਿ ਮਰਣੁ ਨ ਥੀਆ॥੬॥	(ਥੀਆ) ਹੁੰਦਾ	Aap Gavaaeiaa Mar Rehae Fir Maran N Thheeaa ||6||	Those who conquer their selfhood and remain dead, shall never have to die again. ||6||	ਜੇਹੜੇ ਜੀਵ ਆਪਾ-ਭਾਵ ਗਵਾ ਕੇ (ਮਾਇਆ ਦੇ ਮੋਹ ਵਲੋਂ) ਮਰ ਜਾਂਦੇ ਹਨ, ਉਹਨਾਂ ਨੂੰ ਇਹ ਜਨਮ ਮਰਨ ਦਾ ਗੇੜ ਨਹੀਂ ਵਿਆਪਦਾ ॥੬॥
19368	420	ਸਾਈ ਕਾਰ ਕਮਾਵਣੀ ਧੁਰ ਕੀ ਫੁਰਮਾਈ॥	ਸਾਈਂ	Saaee Kaar Kamaavanee Dhhur Kee Furamaaee ||	Do those deeds which the Primal Lord has ordered for you.	ਧੁਰੋਂ ਹੀ (ਪ੍ਰਭੂ ਦੇ ਹੁਕਮ ਅਨੁਸਾਰ) ਜੀਵ ਨੂੰ ਜੇਹੜੀ ਕਾਰ ਕਰਨ ਦਾ ਹੁਕਮ ਹੁੰਦਾ ਹੈ ਜੀਵ ਉਹੀ ਕਾਰ ਕਰਦਾ ਹੈ,

19369	420	ਜੇ ਮਨੁ ਸਤਿਗੁਰ ਦੇ ਮਿਲੈ ਕਿਨਿ ਕੀਮਤਿ ਪਾਈ॥੭॥		Jae Man Sathigur Dhae Milai Kin Keemath Paaee ||7||	If one surrenders his mind upon meeting the True Guru, who can estimate its value? ||7||	ਪਰ ਜੇ ਜੀਵ ਆਪਣਾ ਮਨ ਗੁਰੂ ਦੇ ਹਵਾਲੇ ਕਰ ਕੇ ਪ੍ਰਭੂ-ਚਰਨਾਂ ਵਿਚ ਟਿਕ ਜਾਏ (ਤਾਂ ਇਸ ਦਾ ਇਤਨਾ ਉੱਚਾ ਆਤਮਕ ਜੀਵਨ ਬਣ ਜਾਂਦਾ ਹੈ ਕਿ) ਕੋਈ ਭੀ ਉਸ ਦਾ ਮੁੱਲ ਨਹੀਂ ਪਾ ਸਕਦਾ ॥੭॥
19370	420	ਰਤਨਾ ਪਾਰਖੁ ਸੋ ਧਣੀ ਤਿਨਿ ਕੀਮਤਿ ਪਾਈ॥		Rathanaa Paarakh So Dhhanee Thin Keemath Paaee ||	That Lord Master is the Assayer of the jewel of the mind; He places the value on it.	ਉਹ ਮਾਲਕ ਆਪ ਹੀ ਇਹਨਾਂ (ਆਪ ਦੇ ਬਣਾਏ ਹੋਏ) ਰਤਨਾਂ ਦੀ ਪਰਖ ਕਰਦਾ ਹੈ ਤੇ (ਪਰਖ ਪਰਖ ਕੇ) ਆਪ ਹੀ ਇਹਨਾਂ ਦਾ ਮੁੱਲ ਪਾਂਦਾ ਹੈ।
19371	420	ਨਾਨਕ ਸਾਹਿਬੁ ਮਨਿ ਵਸੈ ਸਚੀ ਵਡਿਆਈ॥੮॥੧੭॥		Naanak Saahib Man Vasai Sachee Vaddiaaee ||8||17||	O Nanak, True is the Glory of that one, in whose mind the Lord Master dwells. ||8||17||	ਹੇ ਨਾਨਕ! ਜਿਸ ਮਨੁੱਖ ਦੇ ਮਨ ਵਿਚ ਮਾਲਕ-ਪ੍ਰਭੂ ਵੱਸ ਪੈਂਦਾ ਹੈ, ਉਸ ਨੂੰ ਸਦਾ-ਥਿਰ ਰਹਿਣ ਵਾਲੀ ਇਜ਼ਤ ਬਖ਼ਸ਼ਦਾ ਹੈ ॥੮॥੧੭॥
19372	420	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
19373	420	ਜਿਨੀ ਨਾਮੁ ਵਿਸਾਰਿਆ ਦੂਜੈ ਭਰਮਿ ਭੁਲਾਈ॥		Jinhee Naam Visaariaa Dhoojai Bharam Bhulaaee ||	Those who have forgotten the Naam, the Name of the Lord, are deluded by doubt and duality.	ਜਿਨ੍ਹਾਂ ਬੰਦਿਆਂ ਨੇ ਹੋਰ ਭਟਕਣਾ ਵਿਚ ਪੈ ਕੇ (ਸਹੀ ਜੀਵਨ-ਰਾਹ) ਖੁੰਝ ਕੇ ਪਰਮਾਤਮਾ ਦਾ ਨਾਮ ਭੁਲਾ ਦਿੱਤਾ ਹੈ,

19374	420	ਮੂਲੁ ਛੋਡਿ ਡਾਲੀ ਲਗੇ ਕਿਆ ਪਾਵਹਿ ਛਾਈ॥੧॥	ਸੰਸਾਰ ਰੂਪੀ ਰੁੱਖ ਦੇ (ਮੂਲੁ) ਮੁੱਢ ਵਾਹਿਗੁਰੂ ਜੀ ਨੂੰ ਛੱਡ ਕੇ ਮਾਇਆ ਰੂਪੀ (ਡਾਲੀ) ਟਾਹਣੀਆਂ ਚ ਲੱਗੇ। (ਛਾਈ) ਸੁਆਹ	Mool Shhodd Ddaalee Lagae Kiaa Paavehi Shhaaee ||1||	Those who abandon the roots and cling to the branches, shall obtain only ashes. ||1||	ਉਹ (ਸੰਸਾਰ-ਰੁੱਖ ਦੇ) ਮੂਲ (-ਪ੍ਰਭੂ) ਨੂੰ ਛੱਡ ਕੇ (ਸੰਸਾਰ-ਰੁੱਖ ਦੀਆਂ) ਡਾਲੀਆਂ (ਮਾਇਆ ਦੇ ਪਸਾਰੇ) ਵਿਚ ਲੱਗ ਗਏ ਤੇ ਉਹਨਾਂ ਨੂੰ (ਆਤਮਕ ਜੀਵਨ ਵਿਚੋਂ) ਕੁਝ ਭੀ ਨਹੀਂ ਮਿਲਿਆ ॥੧॥
19375	420	ਬਿਨੁ ਨਾਵੈ ਕਿਉ ਛੂਟੀਐ ਜੇ ਜਾਣੈ ਕੋਈ॥		Bin Naavai Kio Shhootteeai Jae Jaanai Koee ||	Without the Name, how can one be emancipated? Who knows this?	ਜੇ ਕੋਈ ਮਨੁੱਖ ਸਮਝ ਲਏ ਕਿ ਪਰਮਾਤਮਾ ਦੇ ਨਾਮ (ਵਿਚ ਜੁੜਨ) ਤੋਂ ਬਿਨਾ (ਮਾਇਆ ਦੇ ਮੋਹ ਤੋਂ) ਬਚ ਨਹੀਂ ਸਕੀਦਾ,
19376	420	ਗੁਰਮੁਖਿ ਹੋਇ ਤ ਛੂਟੀਐ ਮਨਮੁਖਿ ਪਤਿ ਖੋਈ॥੧॥ਰਹਾਉ॥		Guramukh Hoe Th Shhootteeai Manamukh Path Khoee ||1|| Rehaao ||	One who becomes Gurmukh is emancipated; the self-willed manmukhs lose their honor. ||1||Pause||	ਤਾਂ ਉਹ ਗੁਰੂ ਦੇ ਦੱਸੇ ਰਸਤੇ ਉੱਤੇ ਤੁਰ ਕੇ (ਮਾਇਆ ਦੇ ਮੋਹ ਤੋਂ) ਖ਼ਲਾਸੀ ਕਰ ਲੈਂਦਾ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ-ਮੋਹ-ਵਿਚ ਫਸ ਕੇ) ਆਪਣੀ ਇੱਜ਼ਤ (ਪਰਮਾਤਮਾ ਦੀਆਂ ਨਜ਼ਰਾਂ ਵਿਚ) ਗਵਾ ਲੈਂਦਾ ਹੈ ॥੧॥ ਰਹਾਉ ॥
19377	420	ਜਿਨੀ ਏਕੋ ਸੇਵਿਆ ਪੂਰੀ ਮਤਿ ਭਾਈ॥		Jinhee Eaeko Saeviaa Pooree Math Bhaaee ||	Those who serve the One Lord become perfect in their understanding, O Siblings of Destiny.	ਜਿਨ੍ਹਾਂ ਮਨੁੱਖਾਂ ਨੇ ਇਕ ਪਰਮਾਤਮਾ ਦਾ ਸਿਮਰਨ ਕੀਤਾ, ਉਹਨਾਂ ਦੀ ਅਕਲ (ਮਾਇਆ ਦੇ ਮੋਹ ਵਿਚ) ਉਕਾਈ ਨਹੀਂ ਖਾਂਦੀ।

19378	420	ਆਦਿ ਜੁਗਾਦਿ ਨਿਰੰਜਨਾ ਜਨ ਹਰਿ ਸਰਣਾਈ॥੨॥		Aadh Jugaadh Niranjanaa Jan Har Saranaaee ||2||	The Lord's humble servant finds Sanctuary in Him, the Immaculate One, from the very beginning, and throughout the ages. ||2||	ਪ੍ਰਭੂ ਦੇ ਉਹ ਸੇਵਕ ਉਸ ਪ੍ਰਭੂ ਦੀ ਹੀ ਸਰਨ ਵਿਚ ਟਿਕੇ ਰਹਿੰਦੇ ਹਨ ਜੋ ਸਾਰੇ ਜਗਤ ਦਾ ਮੂਲ ਹੈ ਜੋ ਜੁਗਾਂ ਦੇ ਭੀ ਸ਼ੁਰੂ ਤੋਂ ਹੈ ਅਤੇ ਜਿਸ ਉਤੇ ਮਾਇਆ ਦਾ ਪ੍ਰਭਾਵ ਨਹੀਂ ਪੈ ਸਕਦਾ ॥੨॥
19379	420	ਸਾਹਿਬੁ ਮੇਰਾ ਏਕੁ ਹੈ ਅਵਰੁ ਨਹੀ ਭਾਈ॥		Saahib Maeraa Eaek Hai Avar Nehee Bhaaee ||	My Lord and Master is the One; there is no other, O Siblings of Destiny.	ਹੇ ਭਾਈ! ਸਾਡਾ ਮਾਲਕ-ਪ੍ਰਭੂ ਬੇ-ਮਿਸਾਲ ਹੈ, ਉਸ ਵਰਗਾ ਹੋਰ ਕੋਈ ਨਹੀਂ।
19380	420	ਕਿਰਪਾ ਤੇ ਸੁਖੁ ਪਾਇਆ ਸਾਚੇ ਪਰਥਾਈ॥੩॥	(ਪਰਥਾਈ) ਦੁਆਰਾ	Kirapaa Thae Sukh Paaeiaa Saachae Parathhaaee ||3||	By the Grace of the True Lord, celestial peace is obtained. ||3||	ਜੇ ਉਸ ਸਦਾ-ਥਿਰ ਪ੍ਰਭੂ ਦੇ ਆਸਰੇ-ਪਰਨੇ ਟਿਕੇ ਰਹੀਏ, ਤਾਂ ਉਸ ਦੀ ਮੇਹਰ ਨਾਲ ਆਤਮਕ ਆਨੰਦ ਮਿਲਦਾ ਹੈ ॥੩॥
19381	420	ਗੁਰ ਬਿਨੁ ਕਿਨੈ ਨ ਪਾਇਓ ਕੇਤੀ ਕਹੈ ਕਹਾਏ॥		Gur Bin Kinai N Paaeiou Kaethee Kehai Kehaaeae ||	Without the Guru, no one has obtained Him, although many may claim to have done so.	ਬਥੇਰੀ ਲੋਕਾਈ ਹੋਰ ਹੋਰ ਰਸਤੇ ਦੱਸਦੀ ਹੈ, ਪਰ ਗੁਰੂ ਦੀ ਸਰਨ ਪੈਣ ਤੋਂ ਬਿਨਾ ਪਰਮਾਤਮਾ ਦੀ ਪ੍ਰਾਪਤੀ ਨਹੀਂ ਹੁੰਦੀ।
19382	420	ਆਪਿ ਦਿਖਾਵੈ ਵਾਟੜੀ ਸਚੀ ਭਗਤਿ ਦ੍ਰਿੜਾਏ॥੪॥	(ਵਾਟੜੀ) ਰਸਤਾ	Aap Dhikhaavai Vaattarreen Sachee Bhagath Dhrirraaeae ||4||	He Himself reveals the Way, and implants true devotion within. ||4||	(ਗੁਰੂ ਦੀ ਸਰਨ ਪਿਆਂ) ਪਰਮਾਤਮਾ (ਆਪਣੇ ਮਿਲਾਪ ਦਾ) ਸਹੀ ਰਸਤਾ ਆਪ ਹੀ ਵਿਖਾ ਦੇਂਦਾ ਹੈ, (ਜੀਵ ਦੇ ਹਿਰਦੇ ਵਿਚ) ਸਦਾ-ਥਿਰ ਰਹਿਣ ਵਾਲੀ ਭਗਤੀ ਪੱਕੀ ਕਰ ਦੇਂਦਾ ਹੈ ॥੪॥

19383	420	ਮਨਮੁਖੁ ਜੇ ਸਮਝਾਈਐ ਭੀ ਉਝੜਿ ਜਾਏ॥	(ਉੱਝ-ੜਿ) ਉਜਾੜ, ਕੁਰਾਹੇ	Manamukh Jae Samajhaaeeai Bhee Oujharr Jaaeae ||	Even if the self-willed manmukh is instructed, he stills goes into the wilderness.	ਪਰ ਜੇਹੜਾ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ ਉਸ ਨੂੰ ਜੇ (ਸਹੀ ਰਸਤਾ) ਸਮਝਾਣ ਦੀ ਕੋਸ਼ਿਸ਼ ਭੀ ਕਰੀਏ, ਤਾਂ ਭੀ ਉਹ ਕੁਰਾਹੇ ਹੀ ਜਾਂਦਾ ਹੈ।
19384	420	ਬਿਨੁ ਹਰਿ ਨਾਮ ਨ ਛੂਟਸੀ ਮਰਿ ਨਰਕ ਸਮਾਏ॥੫॥		Bin Har Naam N Shhoottasee Mar Narak Samaaeae ||5||	Without the Lord's Name, he shall not be emancipated; he shall die, and sink into hell. ||5||	ਪਰਮਾਤਮਾ ਦੇ ਨਾਮ ਤੋਂ ਬਿਨਾ ਉਹ ਇਸ (ਕੁਰਾਹ ਤੋਂ) ਬਚ ਨਹੀਂ ਸਕਦਾ, (ਕੁਰਾਹੇ ਪਿਆ ਹੋਇਆ) ਉਹ ਆਤਮਕ ਮੌਤ ਸਹੇੜ ਲੈਂਦਾ ਹੈ, (ਮਾਨੋ,) ਨਰਕਾਂ ਵਿਚ ਪਿਆ ਰਹਿੰਦਾ ਹੈ ॥੫॥
19385	420	ਜਨਮਿ ਮਰੈ ਭਰਮਾਈਐ ਹਰਿ ਨਾਮੁ ਨ ਲੇਵੈ॥		Janam Marai Bharamaaeeai Har Naam N Laevai ||	He wanders through birth and death, and never chants the Lord's Name.	ਜੇਹੜਾ ਮਨੁੱਖ ਹਰੀ ਦਾ ਨਾਮ ਨਹੀਂ ਸਿਮਰਦਾ ਉਹ ਜੰਮਦਾ ਹੈ ਮਰਦਾ ਹੈ ਜੰਮਦਾ ਹੈ ਮਰਦਾ ਹੈ, ਇਸੇ ਗੇੜ ਵਿਚ ਪਿਆ ਰਹਿੰਦਾ ਹੈ।
19386	420	ਤਾ ਕੀ ਕੀਮਤਿ ਨਾ ਪਵੈ ਬਿਨੁ ਗੁਰ ਕੀ ਸੇਵੈ॥੬॥		Thaa Kee Keemath Naa Pavai Bin Gur Kee Saevai ||6||	He never realizes his own value, without serving the Guru. ||6||	ਗੁਰੂ ਦੀ ਸਰਨ ਪੈਣ ਤੋਂ ਬਿਨਾ ਪਰਮਾਤਮਾ ਦੇ ਨਾਮ ਦੀ ਕਦਰ ਨਹੀਂ ਪੈ ਸਕਦੀ ॥੬॥
19387	421	ਜੇਹੀ ਸੇਵ ਕਰਾਈਐ ਕਰਣੀ ਭੀ ਸਾਈ॥		Jaehee Saev Karaaeeai Karanee Bhee Saaee ||	Whatever service the Lord causes us to do, that is just what we do.	(ਪਰ ਜੀਵਾਂ ਦੇ ਕੀਹ ਵੱਸ?) ਪਰਮਾਤਮਾ ਨੇ ਜਿਹੋ ਜਿਹੀ ਕਾਰੇ ਜੀਵ ਨੂੰ ਲਾਉਣਾ ਹੈ, ਜੀਵ ਨੇ ਉਸੇ ਕਾਰੇ ਲੱਗਣਾ ਹੈ।

19388	421	ਆਪਿ ਕਰੇ ਕਿਸੁ ਆਖੀਐ ਵੇਖੈ ਵਡਿਆਈ॥੭॥		Aap Karae Kis Aakheeai Vaekhai Vaddiaaee ||7||	He Himself acts; who else should be mentioned? He beholds His own greatness. ||7||	ਪਰਮਾਤਮਾ ਆਪ ਹੀ (ਸ੍ਰਿਸ਼ਟੀ) ਰਚ ਕੇ ਆਪ ਹੀ ਇਸ ਦੀ ਸੰਭਾਲ ਕਰਦਾ ਹੈ, ਇਹ ਉਸ ਦੀ ਆਪਣੀ ਹੀ ਬਜ਼ੁਰਗੀ ਹੈ। (ਉਸ ਤੋਂ ਬਿਨਾ) ਕਿਸੇ ਹੋਰ ਅੱਗੇ ਪੁਕਾਰ ਨਹੀਂ ਕੀਤੀ ਜਾ ਸਕਦੀ ॥੭॥
19389	421	ਗੁਰ ਕੀ ਸੇਵਾ ਸੋ ਕਰੇ ਜਿਸੁ ਆਪਿ ਕਰਾਏ॥		Gur Kee Saevaa So Karae Jis Aap Karaaeae ||	He alone serves the Guru, whom the Lord Himself inspires to do so.	ਗੁਰੂ ਦੀ ਦੱਸੀ ਸੇਵਾ ਭੀ ਉਹੀ ਮਨੁੱਖ ਕਰਦਾ ਹੈ ਜਿਸ ਪਾਸੋਂ ਪਰਮਾਤਮਾ ਆਪ ਹੀ ਕਰਾਂਦਾ ਹੈ।
19390	421	ਨਾਨਕ ਸਿਰੁ ਦੇ ਛੂਟੀਐ ਦਰਗਹ ਪਤਿ ਪਾਏ॥੮॥੧੮॥		Naanak Sir Dhae Shhootteeai Dharageh Path Paaeae ||8||18||	O Nanak, offering his head, one is emancipated, and honored in the Court of the Lord. ||8||18||	ਹੇ ਨਾਨਕ! ਜੇਹੜਾ ਮਨੁੱਖ ਆਪਣਾ ਸਿਰ (ਗੁਰੂ ਦੇ) ਹਵਾਲੇ ਕਰਦਾ ਹੈ, ਉਹ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ-ਮਾਣ ਪ੍ਰਾਪਤ ਕਰਦਾ ਹੈ ॥੮॥੧੮॥
19391	421	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
19392	421	ਰੂੜੋ ਠਾਕੁਰ ਮਾਹਰੋ ਰੂੜੀ ਗੁਰਬਾਣੀ॥	(ਰੂੜੋ) ਸੁੰਦਰ। (ਮਾਹਰੋ) ਜਾਣੀਜਾਣ	Roorro Thaakur Maaharo Roorree Gurabaanee ||	Beautiful is the Supreme Lord and Master, and beautiful is the Word of the Guru's Bani.	ਹੇ ਠਾਕੁਰ! ਤੂੰ ਸੁੰਦਰ ਹੈਂ, ਤੂੰ ਸਿਆਣਾ ਹੈਂ! ਗੁਰੂ ਦੀ ਸੁੰਦਰ ਬਾਣੀ ਦੀ ਰਾਹੀਂ (ਤੇਰੀ ਪ੍ਰਾਪਤੀ ਹੋ ਸਕਦੀ ਹੈ)।

19393	421	ਵਡੈਭਾਗਿ ਸਤਿਗੁਰੁ ਮਿਲੈ ਪਾਈਐ ਪਦੁ ਨਿਰਬਾਣੀ॥੧॥	(ਨਿਰਬਾਣੀ) ਵਾਸ਼ਨਾ ਰਹਿਤ	Vaddai Bhaag Sathigur Milai Paaeeai Padh Nirabaanee ||1||	By great good fortune, one meets the True Guru, and the supreme status of Nirvaanaa is obtained. ||1||	ਵੱਡੀ ਕਿਸਮਤ ਨਾਲ ਗੁਰੂ ਮਿਲਦਾ ਹੈ, (ਤੇ ਗੁਰੂ ਦੇ ਮਿਲਣ ਦੇ ਨਾਲ) ਵਾਸਨਾ-ਰਹਿਤ ਆਤਮਕ ਅਵਸਥਾ ਮਿਲਦੀ ਹੈ ॥੧॥
19394	421	ਮੈ ਓਲ੍ਹਗੀਆ ਓਲ੍ਹਗੀ ਹਮ ਛੋਰੂ ਥਾਰੇ॥	(ਓਲ੍ਹਗੀਆ ਓਲ੍ਹਗੀ) ਦਾਸਾਂ ਦੇ ਦਾਸ। (ਛੋਰੂ) ਛੋਟੇ ਦਾਸ। (ਦੂਜਾ ਪਾਠ: ਮੈ ਓ ਲ੍ਹਗੀਆ)	Mai Oulhageeaa Oulhagee Ham Shhoroo Thhaarae ||	I am the lowest slave of Your slaves; I am Your most humble servant.	(ਹੇ ਪ੍ਰਭੂ!) ਮੈਂ ਤੇਰੇ ਦਾਸਾਂ ਦਾ ਦਾਸ ਹਾਂ, ਮੈਂ ਤੇਰਾ ਛੋਟਾ ਜਿਹਾ ਸੇਵਕ ਹਾਂ।
19395	421	ਜਿਉ ਤੂੰ ਰਾਖਹਿ ਤਿਉ ਰਹਾ ਮੁਖਿ ਨਾਮੁ ਹਮਾਰੇ॥੧॥ਰਹਾਉ॥		Jio Thoon Raakhehi Thio Rehaa Mukh Naam Hamaarae ||1|| Rehaao ||	As You keep me, I live. Your Name is in my mouth. ||1||Pause||	(ਮੇਹਰ ਕਰ) ਮੈਂ ਉਸੇ ਤਰ੍ਹਾਂ ਜੀਵਾਂ ਜਿਵੇਂ ਤੇਰੀ ਰਜ਼ਾ ਹੋਵੇ। ਮੇਰੇ ਮੂੰਹ ਵਿਚ ਆਪਣਾ ਨਾਮ ਦੇਹ! ॥੧॥ ਰਹਾਉ ॥
19396	421	ਦਰਸਨ ਕੀ ਪਿਆਸਾ ਘਣੀ ਭਾਣੈ ਮਨਿ ਭਾਈਐ॥		Dharasan Kee Piaasaa Ghanee Bhaanai Man Bhaaeeai ||	I have such a great thirst for the Blessed Vision of Your Darshan; my mind accepts Your Will, and so You are pleased with me.	ਪ੍ਰਭੂ ਦੀ ਰਜ਼ਾ ਵਿਚ (ਜੀਵ ਦੇ ਅੰਦਰ) ਉਸ ਦੇ ਦਰਸ਼ਨ ਦੀ ਤੀਬਰ ਤਾਂਘ ਪੈਦਾ ਹੁੰਦੀ ਹੈ, ਉਸ ਦੀ ਰਜ਼ਾ ਅਨੁਸਾਰ ਹੀ ਉਹ ਜੀਵ ਦੇ ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ।

19397	421	ਮੇਰੇ ਠਾਕੁਰ ਹਾਥਿ ਵਡਿਆਈਆ ਭਾਣੈ ਪਤਿ ਪਾਈਐ॥੨॥		Maerae Thaakur Haathh Vaddiaaeeaa Bhaanai Path Paaeeai ||2||	Greatness is in the Hands of my Lord and Master; by His Will, honor is obtained. ||2||	ਪਿਆਰੇ ਠਾਕੁਰ ਦੇ ਹੱਥ ਵਿਚ ਹੀ ਸਾਰੀਆਂ ਵਡਿਆਈਆਂ ਹਨ, ਉਸ ਦੀ ਰਜ਼ਾ ਅਨੁਸਾਰ ਹੀ (ਜੀਵ ਨੂੰ ਉਸ ਦੇ ਦਰ ਤੇ) ਇੱਜ਼ਤ ਮਿਲਦੀ ਹੈ ॥੨॥
19398	421	ਸਾਚਉ ਦੂਰਿ ਨ ਜਾਣੀਐ ਅੰਤਰਿ ਹੈ ਸੋਈ॥		Saacho Dhoor N Jaaneeai Anthar Hai Soee ||	Do not think that the True Lord is far away; He is deep within.	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ (ਕਿਤੇ) ਦੂਰ (ਬੈਠਾ) ਨਹੀਂ ਸਮਝਣਾ ਚਾਹੀਦਾ, ਹਰੇਕ ਜੀਵ ਦੇ ਅੰਦਰ ਉਹ ਆਪ ਹੀ (ਵੱਸ ਰਿਹਾ) ਹੈ।
19399	421	ਜਹ ਦੇਖਾ ਤਹ ਰਵਿ ਰਹੇ ਕਿਨਿ ਕੀਮਤਿ ਹੋਈ॥੩॥		Jeh Dhaekhaa Theh Rav Rehae Kin Keemath Hoee ||3||	Wherever I look, there I find Him pervading; how can I estimate His value? ||3||	ਮੈਂ ਜਿੱਧਰ ਤੱਕਦਾ ਹਾਂ, ਉਧਰ ਹੀ ਪ੍ਰਭੂ ਭਰਪੂਰ ਹੈ। ਪਰ ਕਿਸੇ ਜੀਵ ਪਾਸੋਂ ਉਸ ਦਾ ਮੁੱਲ ਨਹੀਂ ਪੈ ਸਕਦਾ ॥੩॥
19400	421	ਆਪਿ ਕਰੇ ਆਪੇ ਹਰੇ ਵੇਖੈ ਵਡਿਆਈ॥	(ਹਰੇ) ਨਾਸ ਕਰੇ	Aap Karae Aapae Harae Vaekhai Vaddiaaee ||	He Himself does, and He Himself undoes. He Himself beholds His glorious greatness.	ਪਰਮਾਤਮਾ ਆਪ ਹੀ ਉਸਾਰਦਾ ਹੈ ਆਪ ਹੀ ਢਾਂਹਦਾ ਹੈ, (ਆਪਣੀ ਇਹ) ਤਾਕਤ ਉਹ ਆਪ ਹੀ ਵੇਖ ਰਿਹਾ ਹੈ।
19401	421	ਗੁਰਮੁਖਿ ਹੋਇ ਨਿਹਾਲੀਐ ਇਉ ਕੀਮਤਿ ਪਾਈ॥੪॥	(ਨਿਹਾਲੀਐ) ਦੇਖੀਏ	Guramukh Hoe Nihaaleeai Eio Keemath Paaee ||4||	Becoming Gurmukh, one beholds Him, and so, His value is appraised. ||4||	ਗੁਰੂ ਦੇ ਸਨਮੁਖ ਹੋ ਕੇ ਉਸ ਦਾ ਦਰਸ਼ਨ ਕਰ ਸਕੀਦਾ ਹੈ, ਤੇ ਇਸ ਤਰ੍ਹਾਂ ਉਸ ਦਾ ਮੁੱਲ ਪੈ ਸਕਦਾ ਹੈ (ਕਿ ਉਹ ਹਰ ਥਾਂ ਮੌਜੂਦ ਹੈ) ॥੪॥

19402	421	ਜੀਵਦਿਆ ਲਾਹਾ ਮਿਲੈ ਗੁਰ ਕਾਰ ਕਮਾਵੈ॥		Jeevadhiaa Laahaa Milai Gur Kaar Kamaavai ||	So earn your profits while you are alive, by serving the Guru.	ਜੇਹੜਾ ਮਨੁੱਖ ਗੁਰੂ ਦੀ ਦੱਸੀ ਕਾਰ ਕਰਦਾ ਹੈ ਉਸ ਨੂੰ ਇਸੇ ਜੀਵਨ ਵਿਚ ਪਰਮਾਤਮਾ ਦਾ ਨਾਮ-ਲਾਭ ਮਿਲ ਜਾਂਦਾ ਹੈ।
19403	421	ਪੂਰਬਿ ਹੋਵੈ ਲਿਖਿਆ ਤਾ ਸਤਿਗੁਰੁ ਪਾਵੈ॥੫॥		Poorab Hovai Likhiaa Thaa Sathigur Paavai ||5||	If it is so pre-ordained, then one finds the True Guru. ||5||	ਪਰ ਗੁਰੂ ਭੀ ਤਦੋਂ ਹੀ ਮਿਲਦਾ ਹੈ ਜੇ ਪਿਛਲੇ ਜਨਮਾਂ ਦੇ ਕੀਤੇ ਹੋਏ ਚੰਗੇ ਕਰਮਾਂ ਦੇ ਸੰਸਕਾਰ (ਅੰਦਰ) ਮੌਜੂਦ ਹੋਣ ॥੫॥
19404	421	ਮਨਮੁਖ ਤੋਟਾ ਨਿਤ ਹੈ ਭਰਮਹਿ ਭਰਮਾਏ॥	(ਤੋਟਾ) ਘਾਟਾ। ਭਰਮ–ਹਿ	Manamukh Thottaa Nith Hai Bharamehi Bharamaaeae ||	The self-willed manmukhs continually lose, and wander around, deluded by doubt.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦਿਆਂ ਦੇ ਆਤਮਕ ਗੁਣਾਂ ਵਿਚ ਨਿੱਤ ਕਮੀ ਹੁੰਦੀ ਰਹਿੰਦੀ ਹੈ, (ਮਾਇਆ ਦੇ) ਭਟਕਾਏ ਹੋਏ ਉਹ (ਨਿੱਤ) ਭਟਕਦੇ ਰਹਿੰਦੇ ਹਨ।
19405	421	ਮਨਮੁਖੁ ਅੰਧੁ ਨ ਚੇਤਈ ਕਿਉ ਦਰਸਨੁ ਪਾਏ॥੬॥	(ਚੇਤਈ) ਸਿਮਰਦੇ	Manamukh Andhh N Chaethee Kio Dharasan Paaeae ||6||	The blind manmukhs do not remember the Lord; how can they obtain the Blessed Vision of His Darshan? ||6||	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ ਵਿਚ) ਅੰਨ੍ਹਾ ਹੋ ਜਾਂਦਾ ਹੈ, ਉਹ ਪਰਮਾਤਮਾ ਨੂੰ ਚੇਤੇ ਨਹੀਂ ਕਰਦਾ। ਉਸ ਨੂੰ ਪਰਮਾਤਮਾ ਦਾ ਦਰਸ਼ਨ ਕਿਵੇਂ ਹੋਵੇ? ॥੬॥
19406	421	ਤਾ ਜਗਿ ਆਇਆ ਜਾਣੀਐ ਸਾਚੈ ਲਿਵ ਲਾਏ॥		Thaa Jag Aaeiaa Jaaneeai Saachai Liv Laaeae ||	One's coming into the world is judged worthwhile only if one lovingly attunes oneself to the True Lord.	ਤਦੋਂ ਹੀ ਕਿਸੇ ਨੂੰ ਜਗਤ ਵਿਚ ਜਨਮਿਆ ਸਮਝੋ, ਜੇ ਉਹ ਸਦਾ-ਥਿਰ ਰਹਿਣ ਵਾਲੇ ਪ੍ਰਭੂ (ਦੇ ਚਰਨਾਂ) ਵਿਚ ਸੁਰਤਿ ਜੋੜਦਾ ਹੋਵੇ।

19407	421	ਗੁਰ ਭੇਟੇ ਪਾਰਸੁ ਭਏ ਜੋਤੀ ਜੋਤਿ ਮਿਲਾਏ॥੭॥		Gur Bhaettae Paaras Bheae Jothee Joth Milaaeae ||7||	Meeting the Guru, one becomes invaluable; his light merges into the Light. ||7||	ਜੇਹੜੇ ਮਨੁੱਖ ਗੁਰੂ ਨੂੰ ਮਿਲ ਪੈਂਦੇ ਹਨ ਉਹ ਪਾਰਸ ਬਣ ਜਾਂਦੇ ਹਨ, ਉਹਨਾਂ ਦੀ ਜੋਤਿ ਪਰਮਾਤਮਾ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ ॥੭॥
19408	421	ਅਹਿ ਨਿਸਿ ਰਹੈ ਨਿਰਾਲਮੋ ਕਾਰ ਧੁਰ ਕੀ ਕਰਣੀ॥	(ਨਿਰਾਲਮੋ) ਨਿਰਲੇਪ	Ahinis Rehai Niraalamo Kaar Dhhur Kee Karanee ||	Day and night, he remains detached, and serves the Primal Lord.	ਹੇ ਨਾਨਕ! ਪ੍ਰਭੂ ਦੇ ਨਾਮ ਵਿਚ ਜੁੜੇ ਹੋਏ ਬੰਦੇ ਸੰਤੋਖ ਵਾਲਾ ਜੀਵਨ ਗੁਜ਼ਾਰਦੇ ਹਨ, ਉਸ ਪਰਮਾਤਮਾ ਦੇ ਚਰਨਾਂ ਵਿਚ ਰੰਗੇ ਰਹਿੰਦੇ ਹਨ।
19409	421	ਨਾਨਕ ਨਾਮਿ ਸੰਤੋਖੀਆ ਰਾਤੇ ਹਰਿ ਚਰਣੀ॥੮॥੧੯॥		Naanak Naam Santhokheeaa Raathae Har Charanee ||8||19||	O Nanak, those who are imbued with the Lord's Lotus Feet, are content with the Naam, the Name of the Lord. ||8||19||	ਜੇਹੜਾ ਜੇਹੜਾ ਮਨੁੱਖ ਧੁਰੋਂ ਮਿਲੀ (ਸਿਮਰਨ ਦੀ) ਕਾਰ ਕਰਦਾ ਹੈ ਉਹ ਸਦਾ ਨਿਰਲੇਪ ਰਹਿੰਦਾ ਹੈ ॥੮॥੧੯॥
19410	421	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
19411	421	ਕੇਤਾ ਆਖਣੁ ਆਖੀਐ ਤਾ ਕੇ ਅੰਤ ਨ ਜਾਣਾ॥		Kaethaa Aakhan Aakheeai Thaa Kae Anth N Jaanaa ||	No matter how much one may describe the Lord, His limits still cannot be known.	(ਪਰਮਾਤਮਾ ਬੇਅੰਤ ਗੁਣਾਂ ਦਾ ਮਾਲਕ ਹੈ) ਉਸ ਦੇ ਗੁਣਾਂ ਦਾ ਭਾਵੇਂ ਕਿਤਨਾ ਹੀ ਬਿਆਨ ਕੀਤਾ ਜਾਏ, ਮੈਂ ਅੰਤ ਜਾਣ ਨਹੀਂ ਸਕਦਾ।
19412	421	ਮੈ ਨਿਧਰਿਆ ਧਰ ਏਕ ਤੂੰ ਮੈ ਤਾਣੁ ਸਤਾਣਾ॥੧॥	(ਨਿ-ਧਰਿਆ) ਨਿਆਸਰੇ ਦਾ (ਧਰ) ਆਸਰਾ। (ਸਤਾਣਾ) ਤਕੜਾ	Mai Nidhhariaa Dhhar Eaek Thoon Mai Thaan Sathaanaa ||1||	I am without any support; You, O Lord, are my only Support; You are my almighty power. ||1||	(ਹੇ ਪ੍ਰਭੂ! ਮੇਰੀ ਤਾਂ ਨਿੱਤ ਇਹੀ ਅਰਦਾਸ ਹੈ) ਮੈਂ ਨਿਆਸਰੇ ਦਾ ਸਿਰਫ਼ ਤੂੰ ਹੀ ਆਸਰਾ ਹੈਂ, ਤੇ ਤੂੰ ਮੇਰਾ (ਨਿਤਾਣੇ ਦਾ) ਤਕੜਾ ਤਾਣ ਹੈਂ ॥੧॥

19413	421	ਨਾਨਕ ਕੀ ਅਰਦਾਸਿ ਹੈ ਸਚ ਨਾਮਿ ਸੁਹੇਲਾ॥	(ਸੁਹੇਲਾ) ਸੁਖੀ	Naanak Kee Aradhaas Hai Sach Naam Suhaelaa ||	This is Nanak's prayer, that he may be adorned with the True Name.	ਨਾਨਕ ਦੀ ਇਹ ਅਰਦਾਸ ਹੈ ਕਿ ਮੈਂ ਸਦਾ-ਥਿਰ ਪ੍ਰਭੂ ਦੇ ਨਾਮ ਵਿਚ (ਜੁੜ ਕੇ) ਸੁਖੀ ਰਹਾਂ (ਭਾਵ, ਮੈਂ ਪਰਮਾਤਮਾ ਦੀ ਯਾਦ ਵਿਚ ਰਹਿ ਕੇ ਆਤਮਕ ਆਨੰਦ ਹਾਸਲ ਕਰਾਂ)।
19414	421	ਆਪੁ ਗਇਆ ਸੋਝੀ ਪਈ ਗੁਰ ਸਬਦੀ ਮੇਲਾ॥੧॥ਰਹਾਉ॥	ਗ-ਇਆ	Aap Gaeiaa Sojhee Pee Gur Sabadhee Maelaa ||1|| Rehaao ||	When self-conceit is eradicated, and understanding is obtained, one meets the Lord, through the Word of the Guru's Shabad. ||1||Pause||	ਜੇਹੜਾ ਮਨੁੱਖ ਆਪਣੇ ਅੰਦਰੋਂ ਆਪਾ-ਭਾਵ ਗਵਾਂਦਾ ਹੈ ਉਸ ਨੂੰ (ਇਸ ਤਰ੍ਹਾਂ ਦੀ ਅਰਦਾਸ ਕਰਨ ਦੀ) ਸਮਝ ਪੈਂਦੀ ਹੈ ਤੇ ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਨਾਲ ਉਸ ਦਾ) ਮਿਲਾਪ ਹੋ ਜਾਂਦਾ ਹੈ ॥੧॥ ਰਹਾਉ ॥
19415	421	ਹਉਮੈ ਗਰਬੁ ਗਵਾਈਐ ਪਾਈਐ ਵੀਚਾਰੁ॥		Houmai Garab Gavaaeeai Paaeeai Veechaar ||	Abandoning egotism and pride, one obtains contemplative understanding.	ਜਦੋਂ ਇਹ ਅਹੰਕਾਰ ਕਿ 'ਮੈਂ ਵੱਡਾ, ਮੈਂ ਵੱਡਾ' (ਆਪਣੇ ਅੰਦਰੋਂ) ਦੂਰ ਕਰੀਏ, ਤਦੋਂ (ਪਰਮਾਤਮਾ ਦੇ ਦਰ ਤੇ ਅਰਦਾਸ ਕਰਨ ਦੀ) ਸਮਝ ਪੈਂਦੀ ਹੈ।
19416	421	ਸਾਹਿਬ ਸਿਉ ਮਨੁ ਮਾਨਿਆ ਦੇ ਸਾਚੁ ਅਧਾਰੁ॥੨॥		Saahib Sio Man Maaniaa Dhae Saach Adhhaar ||2||	When the mind surrenders to the Lord Master, He bestows the support of the Truth. ||2||	ਜਦੋਂ ਪਰਮਾਤਮਾ ਦੇ ਨਾਲ ਜੀਵ ਦਾ ਮਨ ਪਰਚ ਜਾਂਦਾ ਹੈ, ਤਦੋਂ ਉਹ ਪ੍ਰਭੂ ਉਸ ਨੂੰ ਆਪਣਾ ਸਦਾ-ਥਿਰ ਨਾਮ (ਜੀਵਨ ਵਾਸਤੇ) ਆਸਰਾ ਦੇ ਦੇਂਦਾ ਹੈ ॥੨॥

19417	421	ਅਹਿ ਨਿਸਿ ਨਾਮਿ ਸੰਤੋਖੀਆ ਸੇਵਾ ਸਚੁ ਸਾਈ॥	ਸਾਂਈਂ	Ahinis Naam Santhokheeaa Saevaa Sach Saaee ||	Day and night, remain content with the Naam, the Name of the Lord; that is the true service.	ਜੋ ਦਿਨ ਰਾਤ ਪ੍ਰਭੂ ਦੇ ਨਾਮ ਵਿਚ (ਜੁੜ ਕੇ) ਸੰਤੋਖ ਵਾਲਾ ਜੀਵਨ ਬਣਾਂਦਾ ਹੈ, ਉਸ ਦੀ ਇਹ ਸੇਵਾ ਸਦਾ-ਥਿਰ ਪ੍ਰਭੂ ਕਬੂਲ ਕਰਦਾ ਹੈ।
19418	421	ਤਾ ਕਉ ਬਿਘਨੁ ਨ ਲਾਗਈ ਚਾਲੈ ਹੁਕਮਿ ਰਜਾਈ॥੩॥	ਚੱਾਲੈ	Thaa Ko Bighan N Laagee Chaalai Hukam Rajaaee ||3||	No misfortune troubles one who follows the Command of the Lord's Will. ||3||	ਜੇਹੜਾ ਮਨੁੱਖ ਰਜ਼ਾ ਦੇ ਮਾਲਕ ਪ੍ਰਭੂ ਦੇ ਹੁਕਮ ਵਿਚ ਤੁਰਦਾ ਹੈ, ਉਸ ਨੂੰ (ਜੀਵਨ-ਸਫ਼ਰ ਵਿਚ ਮਾਇਆ ਦੇ ਮੋਹ ਆਦਿਕ ਦੀ) ਕੋਈ ਰੋਕ ਨਹੀਂ ਪੈਂਦੀ ॥੩॥
19419	421	ਹੁਕਮਿ ਰਜਾਈ ਜੋ ਚਲੈ ਸੋ ਪਵੈ ਖਜਾਨੈ॥	ਚੱਲੈ	Hukam Rajaaee Jo Chalai So Pavai Khajaanai ||	One who follows the Command of the Lord's Will is taken into the Lord's Treasury.	ਜੇਹੜਾ ਮਨੁੱਖ ਰਜ਼ਾ ਦੇ ਮਾਲਕ ਪਰਮਾਤਮਾ ਦੇ ਹੁਕਮ ਵਿਚ ਤੁਰਦਾ ਹੈ ਉਹ (ਖਰਾ ਸਿੱਕਾ ਬਣ ਕੇ) ਪ੍ਰਭੂ ਖ਼ਜ਼ਾਨੇ ਵਿਚ ਪੈਂਦਾ ਹੈ,
19420	421	ਖੋਟੇ ਠਵਰ ਨ ਪਾਇਨੀ ਰਲੇ ਜੂਠਾਨੈ॥੪॥	(ਠਵਰ) ਥਾਂ। (ਜੂ-ਠੱਾਨੈ) ਖੋਟਿਆਂ ਨਾਲ	Khottae Thavar N Paaeinee Ralae Joothaanai ||4||	The counterfeit find no place there; they are mixed with the false ones. ||4||	ਖੋਟੇ ਸਿੱਕਿਆਂ ਨੂੰ (ਖੋਟੇ ਜੀਵਨ ਵਾਲਿਆਂ ਨੂੰ ਪ੍ਰਭੂ ਦੇ ਖ਼ਜ਼ਾਨੇ ਵਿਚ) ਢੋਈ ਨਹੀਂ ਮਿਲਦੀ, ਉਹ ਤਾਂ ਖੋਟਿਆਂ ਵਿਚ ਹੀ ਰਲੇ ਰਹਿੰਦੇ ਹਨ ॥੪॥

19421	421	ਨਿਤ ਨਿਤ ਖਰਾ ਸਮਾਲੀਐ ਸਚੁ ਸਉਦਾ ਪਾਈਐ॥	ਸਉੱਦਾ ਕਸਕੇ	Nith Nith Kharaa Samaaleeai Sach Soudhaa Paaeeai ||	Forever and ever, the genuine coins are treasured; with them, the true merchandise is purchased.	ਸਦਾ ਹੀ ਉਸ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਸਾਂਭ ਰੱਖੋ ਜਿਸ ਨੂੰ ਮਾਇਆ ਦੇ ਮੋਹ ਦੀ ਰਤਾ ਭੀ ਮੈਲ ਨਹੀਂ ਹੈ, ਇਸ ਤਰ੍ਹਾਂ ਉਹ ਸੌਦਾ (ਖਰੀਦ) ਲਈਦਾ ਹੈ ਜੋ ਸਦਾ ਲਈ ਹੈ ਜੋ ਸਦਾ ਲਈ ਮਿਲਿਆ ਰਹਿੰਦਾ ਹੈ।
19422	421	ਖੋਟੇ ਨਦਰਿ ਨ ਆਵਨੀ ਲੇ ਅਗਨਿ ਜਲਾਈਐ॥੫॥		Khottae Nadhar N Aavanee Lae Agan Jalaaeeai ||5||	The false ones are not seen in the Lord's Treasury; they are seized and cast into the fire again. ||5||	ਖੋਟੇ ਸਿੱਕੇ ਪਰਮਾਤਮਾ ਦੀ ਨਜ਼ਰੇ ਹੀ ਨਹੀਂ ਚੜ੍ਹਦੇ, ਖੋਟੇ ਸਿੱਕਿਆਂ ਨੂੰ ਉਹਨਾਂ ਦੀ ਮਿਲਾਵਟ ਆਦਿਕ ਦੀ ਮੈਲ ਸਾੜਨ ਲਈ ਅੱਗ ਵਿਚ ਪਾ ਕੇ ਤਪਾਈਦਾ ਹੈ ॥੫॥
19423	421	ਜਿਨੀ ਆਤਮੁ ਚੀਨਿਆ ਪਰਮਾਤਮੁ ਸੋਈ॥	(ਆਤਮੁ) ਮਨ। (ਚੀਨਿਆ) ਜਾਣਿਆ	Jinee Aatham Cheeniaa Paramaatham Soee ||	Those who understand their own souls, are themselves the Supreme Soul.	ਜਿਨ੍ਹਾਂ ਬੰਦਿਆਂ ਨੇ ਆਪਣੇ ਆਤਮਕ ਜੀਵਨ ਨੂੰ ਪਰਖਿਆ ਪਛਾਣਿਆ ਹੈ ਉਹੀ ਬੰਦੇ ਪਰਮਾਤਮਾ ਨੂੰ ਪਛਾਣ ਲੈਂਦੇ ਹਨ।

19424	421	ਏਕੋ ਅੰਮ੍ਰਿਤ ਬਿਰਖੁ ਹੈ ਫਲੁ ਅੰਮ੍ਰਿਤੁ ਹੋਈ॥੬॥		Eaeko Anmrith Birakh Hai Fal Anmrith Hoee ||6||	The One Lord is the tree of ambrosial nectar, which bears the ambrosial fruit. ||6||	(ਉਹ ਸਮਝ ਲੈਂਦੇ ਹਨ ਕਿ) ਇਕ ਪਰਮਾਤਮਾ ਹੀ ਆਤਮਕ ਜੀਵਨ-ਰੂਪ ਫਲ ਦੇਣ ਵਾਲਾ ਰੁੱਖ ਹੈ, ਉਸ ਪ੍ਰਭੂ-ਰੁੱਖ ਦਾ ਫਲ ਸਦਾ ਅੰਮ੍ਰਿਤ ਰੂਪ ਹੈ। {ਨੋਟ: ਜਿਵੇਂ ਫਲ ਤੋਂ ਰੁੱਖ, ਤੇ ਰੁੱਖ ਤੋਂ ਫਲ ਦੀ ਪਛਾਣ ਕਰ ਲਈਦੀ ਹੈ, ਤਿਵੇਂ ਜਿਸ ਨੂੰ ਆਤਮਾ ਦਾ ਗਿਆਨ ਹੋ ਜਾਏ ਉਸ ਨੂੰ ਪਰਮਾਤਮਾ ਦਾ ਭੀ ਗਿਆਨ ਹੋ ਜਾਂਦਾ ਹੈ} ॥੬॥
19425	421	ਅੰਮ੍ਰਿਤ ਫਲੁ ਜਿਨੀ ਚਾਖਿਆ ਸਚਿ ਰਹੇ ਅਘਾਈ॥	(ਅਘਾਈ) ਰੱਜੇ	Anmrith Fal Jinee Chaakhiaa Sach Rehae Aghaaee ||	Those who taste the ambrosial fruit remain satisfied with Truth.	ਜਿਨ੍ਹਾਂ ਮਨੁੱਖਾਂ ਨੇ ਆਤਮਕ ਜੀਵਨ ਦੇਣ ਵਾਲਾ ਨਾਮ-ਫਲ ਚੱਖ ਲਿਆ, ਉਹ (ਸਦਾ) ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜ ਕੇ (ਹੋਰ ਸੁਆਦਾਂ ਵਲੋਂ) ਰੱਜੇ ਰਹਿੰਦੇ ਹਨ।
19426	421	ਤਿੰਨਾ ਭਰਮੁ ਨ ਭੇਦੁ ਹੈ ਹਰਿ ਰਸਨ ਰਸਾਈ॥੭॥		Thinnaa Bharam N Bhaedh Hai Har Rasan Rasaaee ||7||	They have no doubt or sense of separation - their tongues taste the divine taste. ||7||	ਉਹਨਾਂ ਨੂੰ (ਮਾਇਆ ਆਦਿਕ ਦੀ ਕੋਈ) ਭਟਕਣਾ ਨਹੀਂ ਰਹਿੰਦੀ, ਉਹਨਾਂ ਦੀ ਪਰਮਾਤਮਾ ਨਾਲੋਂ ਕੋਈ ਵਿੱਥ ਨਹੀਂ ਰਹਿੰਦੀ, ਉਹਨਾਂ ਦੀ ਜੀਭ ਪਰਮਾਤਮਾ ਦੇ ਨਾਮ-ਰਸ ਵਿਚ ਰਸੀ ਰਹਿੰਦੀ ਹੈ ॥੭॥

19427	421	ਹੁਕਮਿ ਸੰਜੋਗੀ ਆਇਆ ਚਲੁ ਸਦਾ ਰਜਾਈ॥		Hukam Sanjogee Aaeiaa Chal Sadhaa Rajaaee ||	By His Command, and through your past actions, you came into the world; walk forever according to His Will.	(ਹੇ ਜੀਵ!) ਤੂੰ ਪਰਮਾਤਮਾ ਦੇ ਹੁਕਮ ਵਿਚ (ਆਪਣੇ ਕੀਤੇ ਕਰਮਾਂ ਦੇ) ਸੰਜੋਗਾਂ ਅਨੁਸਾਰ (ਜਗਤ ਵਿਚ) ਆਇਆ ਹੈਂ, ਸਦਾ ਉਸ ਦੀ ਰਜ਼ਾ ਵਿਚ ਹੀ ਤੁਰ!
19428	421	ਅਉਗਣਿਆਰੇ ਕਉ ਗੁਣੁ ਨਾਨਕੈ ਸਚੁ ਮਿਲੈ ਵਡਾਈ॥੮॥੨੦॥		Aouganiaarae Ko Gun Naanakai Sach Milai Vaddaaee ||8||20||	Please, grant virtue to Nanak, the virtueless one; bless him with the glorious greatness of the Truth. ||8||20||	(ਮੈਨੂੰ) ਗੁਣ-ਹੀਣ ਨਾਨਕ ਨੂੰ ਸਦਾ-ਥਿਰ ਪ੍ਰਭੂ (ਦਾ ਸਿਮਰਨ-ਰੂਪ) ਗੁਣ ਮਿਲ ਜਾਏ (ਮੈਂ ਨਾਨਕ ਇਸੇ ਬਖ਼ਸ਼ਸ਼ ਨੂੰ ਸਭ ਤੋਂ ਉੱਚੀ) ਵਡਿਆਈ ਸਮਝਦਾ ਹਾਂ ॥੮॥੨੦॥
19429	421	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
19430	421	ਮਨੁ ਰਾਤਉ ਹਰਿ ਨਾਇ ਸਚੁ ਵਖਾਣਿਆ॥	(ਵਖਾਣਿਆ) ਆਖਿਆ	Man Raatho Har Naae Sach Vakhaaniaa ||	One whose mind is attuned to the Lord's Name speaks the truth.	ਜਿਸ ਮਨੁੱਖ ਦਾ ਮਨ ਪਰਮਾਤਮਾ ਦੇ ਨਾਮ (-ਰੰਗ) ਵਿਚ ਰੰਗਿਆ ਜਾਂਦਾ ਹੈ, ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ (ਉਹ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ)।
19431	421	ਲੋਕਾ ਦਾ ਕਿਆ ਜਾਇ ਜਾ ਤੁਧੁ ਭਾਣਿਆ॥੧॥		Lokaa Dhaa Kiaa Jaae Jaa Thudhh Bhaaniaa ||1||	What would the people lose, if I became pleasing to You, O Lord? ||1||	(ਤੇ, ਹੇ ਪ੍ਰਭੂ!) ਜਦੋਂ (ਤੇਰੀ ਸੇਵਾ-ਭਗਤੀ ਦੇ ਕਾਰਨ ਕੋਈ ਵਡਭਾਗੀ ਜੀਵ) ਤੈਨੂੰ ਪਿਆਰਾ ਲੱਗਣ ਲੱਗ ਪਏ ਤਾਂ ਇਸ ਵਿਚ ਲੋਕਾਂ ਦਾ ਕੁਝ ਨਹੀਂ ਵਿਗੜਦਾ ॥੧॥

19432	422	ਜਉ ਲਗੁ ਜੀਉ ਪਰਾਣ ਸਚੁ ਧਿਆਈਐ॥		Jo Lag Jeeo Paraan Sach Dhhiaaeeai ||	As long as there is the breath of life, meditate on the True Lord.	ਜਦੋਂ ਤਕ (ਸਰੀਰ ਵਿਚ) ਜਿੰਦ ਹੈ ਤੇ ਸੁਆਸ ਹਨ (ਤਦ ਤਕ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਸਿਮਰਨਾ ਚਾਹੀਦਾ ਹੈ।
19433	422	ਲਾਹਾ ਹਰਿ ਗੁਣ ਗਾਇ ਮਿਲੈ ਸੁਖੁ ਪਾਈਐ॥੧॥ਰਹਾਉ ॥		Laahaa Har Gun Gaae Milai Sukh Paaeeai ||1|| Rehaao ||	You shall receive the profit of singing the Glorious Praises of the Lord, and find peace. ||1||Pause||	ਜਿਹੜਾ ਸਿਮਰਦਾ ਹੈ ਉਸ ਨੂੰ ਪ੍ਰਭੂ ਦੇ ਗੁਣ ਗਾ ਕੇ (ਸਿਫ਼ਤ-ਸਾਲਾਹ ਕਰ ਕੇ) ਆਤਮਕ ਆਨੰਦ-ਰੂਪ ਲਾਭ ਮਿਲਦਾ ਹੈ ॥੧॥ ਰਹਾਉ ॥
19434	422	ਸਚੀ ਤੇਰੀ ਕਾਰ ਦੇਹਿ ਦਇਆਲ ਤੂੰ॥	ਦ-ਇਆਲ	Sachee Thaeree Kaar Dhaehi Dhaeiaal Thoon ||	True is Your Service; bless me with it, O Merciful Lord.	ਹੇ ਦਇਆਲ ਪ੍ਰਭੂ! ਤੂੰ ਮੈਨੂੰ ਆਪਣੀ (ਭਗਤੀ ਦੀ) ਕਾਰ ਬਖ਼ਸ਼ (ਇਹ ਕਾਰ ਐਸੀ ਹੈ ਕਿ) ਇਸ ਵਿਚ ਕੋਈ ਉਕਾਈ ਨਹੀਂ ਹੈ।
19435	422	ਹਉ ਜੀਵਾ ਤੁਧੁ ਸਾਲਾਹਿ ਮੈ ਟੇਕ ਅਧਾਰੁ ਤੂੰ॥੨॥		Ho Jeevaa Thudhh Saalaahi Mai Ttaek Adhhaar Thoon ||2||	I live by praising You; You are my Anchor and Support. ||2||	ਜਿਉਂ ਜਿਉਂ ਮੈਂ ਤੇਰੀ ਸਿਫ਼ਤ-ਸਾਲਾਹ ਕਰਦਾ ਹਾਂ, ਮੇਰਾ ਆਤਮਕ ਜੀਵਨ ਪਲਰਦਾ ਹੈ। ਹੇ ਪ੍ਰਭੂ! ਤੂੰ ਮੇਰੇ ਜੀਵਨ ਦੀ ਟੇਕ ਹੈਂ, ਤੂੰ ਮੇਰਾ ਆਸਰਾ ਹੈਂ ॥੨॥
19436	422	ਦਰਿ ਸੇਵਕੁ ਦਰਵਾਨੁ ਦਰਦੁ ਤੂੰ ਜਾਣਹੀ॥	(ਦਰਵਾਨੁ) ਚੌਂਕੀਦਾਰ	Dhar Saevak Dharavaan Dharadh Thoon Jaanehee ||	I am Your servant, the gate-keeper at Your Gate; You alone know my pain.	ਹੇ ਪ੍ਰਭੂ! ਜੋ ਮਨੁੱਖ ਤੇਰੇ ਦਰ ਤੇ ਸੇਵਕ ਬਣਦਾ ਹੈ ਜੋ ਤੇਰਾ ਦਰ ਮੱਲਦਾ ਹੈ, ਤੂੰ ਉਸ (ਦੇ ਦਿਲ) ਦਾ ਦੁਖ-ਦਰਦ ਜਾਣਦਾ ਹੈਂ।

19437	422	ਭਗਤਿ ਤੇਰੀ ਹੈਰਾਨੁ ਦਰਦੁ ਗਵਾਵਹੀ॥੩॥	(ਹੈਰਾਨ)ਅਸਚਰਜ	Bhagath Thaeree Hairaan Dharadh Gavaavehee ||3||	How wonderful is Your devotional worship! It removes all pains. ||3||	ਜਗਤ ਵੇਖ ਕੇ ਹੈਰਾਨ ਹੁੰਦਾ ਹੈ ਕਿ ਜੇਹੜਾ ਤੇਰੀ ਭਗਤੀ ਕਰਦਾ ਹੈ ਤੂੰ ਉਸ ਦਾ ਦੁਖ-ਦਰਦ ਦੂਰ ਕਰ ਦੇਂਦਾ ਹੈਂ ॥੩॥
19438	422	ਦਰਗਹ ਨਾਮੁ ਹਦੂਰਿ ਗੁਰਮੁਖਿ ਜਾਣਸੀ॥	(ਹਦੂਰਿ) ਹਜ਼ੂਰੀ ਚ	Dharageh Naam Hadhoor Guramukh Jaanasee ||	The Gurmukhs know that by chanting the Naam, they shall dwell in His Court, in His Presence.	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਸ ਨੂੰ ਸਮਝ ਆ ਜਾਂਦੀ ਹੈ ਕਿ ਪਰਮਾਤਮਾ ਦੀ ਦਰਗਾਹ ਵਿਚ ਹਜ਼ੂਰੀ ਵਿਚ ਉਸ ਦਾ ਨਾਮ (-ਸਿਮਰਨ) ਹੀ ਪਰਵਾਨ ਹੁੰਦਾ ਹੈ।
19439	422	ਵੇਲਾ ਸਚੁ ਪਰਵਾਣੁ ਸਬਦੁ ਪਛਾਣਸੀ॥੪॥		Vaelaa Sach Paravaan Sabadh Pashhaanasee ||4||	True and acceptable is that time, when one recognizes the Word of the Shabad. ||4||	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਪਛਾਣਦਾ ਹੈ (ਸ਼ਬਦ ਨਾਲ ਸਾਂਝ ਪਾਂਦਾ ਹੈ) ਉਸ ਦਾ ਜੀਵਨ-ਸਮਾ ਸਫਲ ਹੈ, ਕਬੂਲ ਹੈ ॥੪॥
19440	422	ਸਤੁ ਸੰਤੋਖੁ ਕਰਿ ਭਾਉ ਤੋਸਾ ਹਰਿ ਨਾਮੁ ਸੇਇ॥	ਤੋੱਸਾ	Sath Santhokh Kar Bhaao Thosaa Har Naam Saee ||	Those who practice Truth, contentment and love, obtain the supplies of the Lord's Name.	ਜੋ ਮਨੁਖ ਸਤ ਸੰਤੋਖ ਤੇ ਪ੍ਰਭੂ ਪ੍ਰੇਮ ਨੂੰ ਆਪਣੇ ਜੀਵਨ ਦੇ ਰਸਤੇ ਦਾ ਖ਼ਰਚ ਬਣਾ ਕੇ ਹਰਿ-ਨਾਮ ਜਪਦੇ ਹਨ,
19441	422	ਮਨਹੁ ਛੋਡਿ ਵਿਕਾਰ ਸਚਾ ਸਚੁ ਦੇਇ॥੫॥		Manahu Shhodd Vikaar Sachaa Sach Dhaee ||5||	So banish corruption from your mind, and the True One will grant you Truth. ||5||	ਤੇ ਉਹ ਆਪਣੇ ਮਨ ਵਿਚੋਂ ਵਿਕਾਰ ਛੱਡ ਦਿੰਦੇ ਹਨ, ਉਹਨਾਂ ਨੂੰ ਪ੍ਰਭੂ ਆਪਣਾ ਸਦਾ-ਥਿਰ ਨਾਮ ਦੇਂਦਾ ਹੈ ॥੫॥

19442	422	ਸਚੇ ਸਚਾ ਨੇਹੁ ਸਚੈ ਲਾਇਆ॥		Sachae Sachaa Naehu Sachai Laaeiaa ||	The True Lord inspires true love in the truthful.	(ਜੇ ਕਿਸੇ ਜੀਵ ਨੂੰ) ਸਦਾ-ਥਿਰ ਪ੍ਰਭੂ ਦਾ ਸਦਾ-ਥਿਰ ਪ੍ਰੇਮ ਲੱਗਾ ਹੈ (ਤਾਂ ਇਹ ਪ੍ਰੇਮ) ਸਦਾ-ਥਿਰ ਪ੍ਰਭੂ ਨੇ ਆਪ ਹੀ ਲਾਇਆ ਹੈ।
19443	422	ਆਪੇ ਕਰੇ ਨਿਆਉ ਜੋ ਤਿਸੁ ਭਾਇਆ॥੬॥		Aapae Karae Niaao Jo This Bhaaeiaa ||6||	He Himself administers justice, as it pleases His Will. ||6||	ਉਹ ਆਪ ਹੀ ਨਿਆਂ ਕਰਦਾ ਹੈ (ਕਿ ਕਿਸ ਨੂੰ ਪ੍ਰੇਮ ਦੀ ਦਾਤ ਦੇਣੀ ਹੈ), ਜੋ ਉਸ ਨੂੰ ਪਸੰਦ ਆਉਂਦਾ ਹੈ (ਉਹੀ ਨਿਆਂ ਹੈ) ॥੬॥
19444	422	ਸਚੇ ਸਚੀ ਦਾਤਿ ਦੇਹਿ ਦਇਆਲੁ ਹੈ॥		Sachae Sachee Dhaath Dhaehi Dhaeiaal Hai ||	True is the gift of the True, Compassionate Lord.	ਮੈਂ (ਭੀ) ਦਿਨ ਰਾਤ ਉਸ ਪ੍ਰਭੂ ਦਾ ਸਿਮਰਨ ਕਰਦਾ ਹਾਂ ਜਿਸ ਦਾ ਨਾਮ ਅਮੋਲਕ ਹੈ ਜੋ ਸਦਾ ਜੀਵਾਂ ਉਤੇ ਦਇਆ ਕਰਦਾ ਹੈ।
19445	422	ਤਿਸੁ ਸੇਵੀ ਦਿਨੁ ਰਾਤਿ ਨਾਮੁ ਅਮੋਲੁ ਹੈ॥੭॥		This Saevee Dhin Raath Naam Amol Hai ||7||	Day and night, I serve the One whose Name is priceless. ||7||	(ਮੈਂ ਉਸ ਦੇ ਦਰ ਤੇ ਅਰਦਾਸ ਕਰਦਾ ਹਾਂ-) ਹੇ ਸਦਾ-ਥਿਰ ਰਹਿਣ ਵਾਲੇ ਪ੍ਰਭੂ! ਮੈਨੂੰ ਆਪਣੇ ਨਾਮ ਦੀ ਦਾਤ ਦੇਹ, ਇਹ ਦਾਤ ਸਦਾ ਕਾਇਮ ਰਹਿਣ ਵਾਲੀ ਹੈ ॥੭॥
19446	422	ਤੂੰ ਉਤਮੁ ਹਉ ਨੀਚੁ ਸੇਵਕੁ ਕਾਂਢੀਆ॥	(ਕਾਂਢੀਆ) ਕਹਾਉਂਦਾ	Thoon Outham Ho Neech Saevak Kaandteeaa ||	You are so sublime, and I am so lowly, but I am called Your slave.	ਤੂੰ ਉੱਤਮ ਹੈਂ, ਮੈਂ ਨੀਚ ਹਾਂ (ਪਰ ਫਿਰ ਭੀ ਮੈਂ ਤੇਰਾ) ਸੇਵਕ ਅਖਵਾਂਦਾ ਹਾਂ।

19447	422	ਨਾਨਕ ਨਦਰਿ ਕਰੇਹੁ ਮਿਲੈ ਸਚੁ ਵਾਂਢੀਆ॥੮॥੨੧॥	(ਵਾਂਢੀਆ) ਵਿੱਛੜੇ ਨੂੰ	Naanak Nadhar Karaehu Milai Sach Vaandteeaa ||8||21||	Please, shower Nanak with Your Glance of Grace, that he, the separated one, may merge with You again, O Lord. ||8||21||	ਹੇ ਨਾਨਕ! (ਪ੍ਰਭੂ-ਦਰ ਤੇ ਸਦਾ ਇਉਂ ਅਰਦਾਸ ਕਰ-ਹੇ ਪ੍ਰਭੂ!) ਮੇਰੇ ਉੱਤੇ ਮੇਹਰ ਦੀ ਨਜ਼ਰ ਕਰ, (ਤਾਂ ਕਿ) ਮੈਨੂੰ (ਤੇਰੇ ਚਰਨਾਂ ਤੋਂ) ਵਿਛੁੜੇ ਹੋਏ ਨੂੰ ਤੇਰਾ ਸਦਾ-ਥਿਰ ਨਾਮ ਮਿਲ ਜਾਏ ॥੮॥੨੧॥
19448	422	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
19449	422	ਆਵਣ ਜਾਣਾ ਕਿਉ ਰਹੈ ਕਿਉ ਮੇਲਾ ਹੋਈ॥		Aavan Jaanaa Kio Rehai Kio Maelaa Hoee ||	How can coming and going, the cycle of reincarnation be ended? And how can one meet the Lord?	(ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ) ਜਨਮ ਮਰਨ ਦਾ ਗੇੜ ਨਹੀਂ ਮੁੱਕਦਾ, ਪਰਮਾਤਮਾ ਨਾਲ ਮਿਲਾਪ ਨਹੀਂ ਹੁੰਦਾ,
19450	422	ਜਨਮ ਮਰਣ ਕਾ ਦੁਖੁ ਘਣੋ ਨਿਤ ਸਹਸਾ ਦੋਈ॥੧॥	(ਘਣੋ) ਬਹੁਤ। (ਦੋਈ) ਦਵੈਤ	Janam Maran Kaa Dhukh Ghano Nith Sehasaa Dhoee ||1||	The pain of birth and death is so great, in constant skepticism and duality. ||1||	ਜਨਮ ਮਰਨ ਦਾ ਭਾਰਾ ਕਲੇਸ਼ ਬਣਿਆ ਰਹਿੰਦਾ ਹੈ ਤੇ ਮਾਇਆ ਦੇ ਮੋਹ ਵਿਚ ਫਸੇ ਰਹਿਣ ਦੇ ਕਾਰਨ (ਜਿੰਦ ਨੂੰ) ਨਿੱਤ ਸਹਮ (ਖਾਂਦਾ ਰਹਿੰਦਾ) ਹੈ ॥੧॥
19451	422	ਬਿਨੁ ਨਾਵੈ ਕਿਆ ਜੀਵਨਾ ਫਿਟੁ ਧ੍ਰਿਗੁ ਚਤੁਰਾਈ॥	ਫਿੱਟੁ	Bin Naavai Kiaa Jeevanaa Fitt Dhhrig Chathuraaee ||	Without the Name, what is life? Cleverness is detestable and cursed.	ਜੋ (ਸਾਰੀ ਉਮਰ) ਪਰਮਾਤਮਾ ਦੇ ਨਾਮ ਤੋਂ ਵਾਂਜਿਆ ਰਿਹਾ, ਉਸ ਦਾ ਜੀਊਣਾ ਅਸਲ ਜੀਊਣ ਨਹੀਂ ਹੈ, (ਜੇ ਉਹ ਮਨੁੱਖ ਦੁਨੀਆਦਾਰੀ ਵਾਲੀ ਕੋਈ ਸਿਆਣਪ ਵਿਖਾ ਰਿਹਾ ਹੈ ਤਾਂ ਉਸ ਦੀ) ਐਸੀ ਸਿਆਣਪ ਫਿਟਕਾਰਜੋਗ ਹੈ,

19452	422	ਸਤਿਗੁਰ ਸਾਧੁ ਨ ਸੇਵਿਆ ਹਰਿ ਭਗਤਿ ਨ ਭਾਈ॥੧॥ਰਹਾਉ॥	(ਭਾਈ) ਚੰਗੀ ਲੱਗੀ	Sathigur Saadhh N Saeviaa Har Bhagath N Bhaaee ||1|| Rehaao ||	One who does not serve the Holy True Guru, is not pleased by devotion to the Lord. ||1||Pause||	ਜੇ ਮਨੁੱਖ ਨੇ ਸਾਧੂ ਗੁਰੂ ਦੀ (ਦੱਸੀ) ਸੇਵਾ ਨਹੀਂ ਕੀਤੀ, ਤੇ ਜਿਸ ਨੂੰ ਪਰਮਾਤਮਾ ਦੀ ਭਗਤੀ ਚੰਗੀ ਨਹੀਂ ਲੱਗੀ ॥੧॥ ਰਹਾਉ ॥
19453	422	ਆਵਣੁ ਜਾਵਣੁ ਤਉ ਰਹੈ ਪਾਈਐ ਗੁਰੁ ਪੂਰਾ॥		Aavan Jaavan Tho Rehai Paaeeai Gur Pooraa ||	Coming and going is ended only when one finds the True Guru.	ਜਨਮ ਮਰਨ ਦਾ ਚੱਕਰ ਤਦੋਂ ਹੀ ਮੁੱਕਦਾ ਹੈ ਜਦੋਂ ਪੂਰਾ ਸਤਿਗੁਰੂ ਮਿਲਦਾ ਹੈ।
19454	422	ਰਾਮ ਨਾਮੁ ਧਨੁ ਰਾਸਿ ਦੇਇ ਬਿਨਸੈ ਭ੍ਰਮੁ ਕੂਰਾ॥੨॥		Raam Naam Dhhan Raas Dhaee Binasai Bhram Kooraa ||2||	He gives the wealth and capital of the Lord's Name, and false doubt is destroyed. ||2||	ਗੁਰੂ ਪਰਮਾਤਮਾ ਦਾ ਨਾਮ-ਧਨ (ਰੂਪ) ਸਰਮਾਇਆ ਦੇਂਦਾ ਹੈ (ਜਿਸ ਦੀ ਬਰਕਤਿ ਨਾਲ) ਝੂਠੀ ਮਾਇਆ ਦੀ ਖ਼ਾਤਰ ਭਟਕਣਾ ਮੁੱਕ ਜਾਂਦੀ ਹੈ ॥੨॥
19455	422	ਸੰਤ ਜਨਾ ਕਉ ਮਿਲਿ ਰਹੈ ਧਨੁ ਧਨੁ ਜਸੁ ਗਾਏ॥		Santh Janaa Ko Mil Rehai Dhhan Dhhan Jas Gaaeae ||	Joining the humble Saintly beings, let us sing the blessed, blessed Praises of the Lord.	ਜੋ ਗੁਰੂ ਦੀ ਸਰਨ ਪੈ ਕੇ, ਸਾਧ ਸੰਗਤਿ ਵਿਚ ਪਰਮਾਤਮਾ ਦਾ ਸ਼ੁਕਰ ਸ਼ੁਕਰ ਕਰ ਕੇ ਉਸ ਦੀ ਸਿਫ਼ਤ-ਸਾਲਾਹ ਕਰਦਾ ਹੈ,
19456	422	ਆਦਿ ਪੁਰਖੁ ਅਪਰੰਪਰਾ ਗੁਰਮੁਖਿ ਹਰਿ ਪਾਏ॥੩॥	(ਅਪ-ਰੰਪਰਾ) ਬੇਅੰਤ	Aadh Purakh Aparanparaa Guramukh Har Paaeae ||3||	The Primal Lord, the Infinite, is obtained by the Gurmukh. ||3||	ਉਹ ਜਗਤ ਦੇ ਮੂਲ ਸਰਬ ਵਿਆਪਕ ਬੇਅੰਤ ਪਰਮਾਤਮਾ ਨੂੰ ਲੱਭ ਲੈਂਦਾ ਹੈ ॥੩॥

19457	422	ਨਟੂਐ ਸਾਂਗੁ ਬਣਾਇਆ ਬਾਜੀ ਸੰਸਾਰਾ॥	ਨਟੂਐ:ਪੋਲਾ ਬੋਲੋ। (ਨਟੂਐ) ਮਦਾਰੀ ਨੇ	Nattooai Saang Banaaeiaa Baajee Sansaaraa ||	The drama of the world is staged like the show of a buffoon.	ਇਹ ਸੰਸਾਰ ਮਦਾਰੀ ਦੇ ਨਾਟਕ ਵਾਂਗ ਇਕ ਖੇਡ (ਹੀ) ਹੈ,
19458	422	ਖਿਨੁ ਪਲੁ ਬਾਜੀ ਦੇਖੀਐ ਉਝਰਤ ਨਹੀ ਬਾਰਾ॥੪॥	ਉਝ-ਰਤ:ਪੋਲਾ ਬੋਲੋ। (ਉਝਰਤ) ਉੱਜੜਦਿਆਂ	Khin Pal Baajee Dhaekheeai Oujharath Nehee Baaraa ||4||	For an instant, for a moment, the show is seen, but it disappears in no time at all. ||4||	ਜਿਸ ਵਿੱਚ ਜੀਵਨ ਘੜੀ ਪਲ ਹੀ ਹੈ ਤੇ ਇਸ ਦੇ ਉਜੜਦਿਆਂ ਚਿਰ ਨਹੀਂ ਲੱਗਦਾ ॥੪॥
19459	422	ਹਉਮੈ ਚਉਪੜਿ ਖੇਲਣਾ ਝੂਠੇ ਅਹੰਕਾਰਾ॥	ਚਉ-ਪੜਿ ਖ਼ੇਲਣਾ	Houmai Chouparr Khaelanaa Jhoothae Ahankaaraa ||	The game of chance is played on the board of egotism, with the pieces of falsehood and ego.	ਮਨੁੱਖ (ਮੈਂ ਵੱਡਾ, ਮੈਂ ਵੱਡਾ ਬਣ ਜਾਵਾਂ-ਇਸ) ਹਉਮੈ ਦੀ ਖੇਡ, ਝੂਠ ਤੇ ਅਹੰਕਾਰ (ਦੀਆਂ ਨਰਦਾਂ) ਨਾਲ ਖੇਡ ਰਿਹਾ ਹੈ,
19460	422	ਸਭੁ ਜਗੁ ਹਾਰੈ ਸੋ ਜਿਣੈ ਗੁਰ ਸਬਦੁ ਵੀਚਾਰਾ॥੫॥		Sabh Jag Haarai So Jinai Gur Sabadh Veechaaraa ||5||	The whole world loses; he alone wins, who reflects upon the Word of the Guru's Shabad. ||5||	ਤੇ ਇੰਜ ਸਾਰਾ ਸੰਸਾਰ (ਮਨੁੱਖਾ ਜੀਵਨ ਦੀ ਬਾਜ਼ੀ) ਹਾਰ ਰਿਹਾ ਹੈ; ਸਿਰਫ਼ ਉਹ ਮਨੁੱਖ ਜਿੱਤਦਾ ਹੈ ਜੋ ਗੁਰੂ ਦੇ ਸ਼ਬਦ ਨੂੰ ਆਪਣੇ ਵਿਚਾਰ-ਮੰਡਲ ਵਿਚ ਟਿਕਾਂਦਾ ਹੈ ॥੫॥
19461	422	ਜਿਉ ਅੰਧੁਲੈ ਹਥਿ ਟੋਹਣੀ ਹਰਿ ਨਾਮੁ ਹਮਾਰੈ॥	(ਟੋਹਣੀ) ਸੋਟੀ	Jio Andhhulai Hathh Ttohanee Har Naam Hamaarai ||	As is the cane in the hand of the blind man, so is the Lord's Name for me.	ਜਿਵੇਂ ਕਿਸੇ ਅੰਨ੍ਹੇ ਮਨੁੱਖ ਦੇ ਹੱਥ ਵਿਚ ਡੰਗੋਰੀ ਹੁੰਦੀ ਹੈ, (ਜਿਸ ਨਾਲ ਟੋਹ ਟੋਹ ਕੇ ਉਹ ਰਾਹ-ਖਹਿੜਾ ਲੱਭਦਾ ਹੈ), ਇਸ ਤਰ੍ਹਾਂ ਜੀਵਾਂ ਪਾਸ ਪਰਮਾਤਮਾ ਦਾ ਨਾਮ ਹੀ ਹੈ (ਜੋ ਸਾਨੂੰ ਸਹੀ ਜੀਵਨ ਰਾਹ ਵਿਖਾਂਦਾ ਹੈ)।

19462	422	ਰਾਮ ਨਾਮੁ ਹਰਿ ਟੇਕ ਹੈ ਨਿਸਿ ਦਉਤ ਸਵਾਰੈ॥੬॥	(ਦਉਤ) ਦਿਨ	Raam Naam Har Ttaek Hai Nis Dhouth Savaarai ||6||	The Lord's Name is my Support, night and day and morning. ||6||	ਪਰਮਾਤਮਾ ਦਾ ਨਾਮ (ਇਕ ਐਸਾ) ਸਹਾਰਾ ਹੈ ਜੋ ਜੀਵਨ-ਰਾਤ (ਆਤਮਕ ਅਗਿਆਨਤਾ) ਲਈ ਸਵੇਰ ਦਾ ਚਾਨਣ ਬਣਦਾ ਹੈ (ਹਰ ਵੇਲੇ ਸਾਡੀ ਸਹਾਇਤਾ ਕਰਦਾ ਹੈ) ॥੬॥
19463	422	ਜਿਉ ਤੂੰ ਰਾਖਹਿ ਤਿਉ ਰਹਾ ਹਰਿ ਨਾਮ ਅਧਾਰਾ॥		Jio Thoon Raakhehi Thio Rehaa Har Naam Adhhaaraa ||	As You keep me, Lord, I live; the Lord's Name is my only Support.	ਹੇ ਪ੍ਰਭੂ! ਨਾਮ ਦੇ ਆਸਰੇ ਨਾਲ ਮੈਂ ਉਸੇ ਹਾਲਤ ਵਿਚ ਹੀ ਰਹਿ ਸਕਦਾ ਹਾ, ਜਿਸ ਹਾਲਤ ਵਿਚ ਤੂੰ ਮੈਨੂੰ ਰੱਖੇਂ।
19464	422	ਅੰਤਿ ਸਖਾਈ ਪਾਇਆ ਜਨ ਮੁਕਤਿ ਦੁਆਰਾ॥੭॥		Anth Sakhaaee Paaeiaa Jan Mukath Dhuaaraa ||7||	It is my only comfort in the end; the gate of salvation is found by His humble servants. ||7||	ਜਿਨ੍ਹਾਂ ਨੇ ਅੰਤ ਵੇਲੇ ਤਕ ਨਾਲ ਨਿਭਣ ਵਾਲਾ ਇਹ ਸਾਥੀ ਲੱਭ ਲਿਆ, ਉਹਨਾਂ ਨੂੰ ਮਾਇਆ ਦੇ ਮੋਹ ਤੋਂ ਖ਼ਲਾਸੀ ਹਾਸਲ ਕਰਨ ਦਾ ਰਾਹ ਮਿਲ ਜਾਂਦਾ ਹੈ ॥੭॥
19465	422	ਜਨਮ ਮਰਣ ਦੁਖ ਮੇਟਿਆ ਜਪਿ ਨਾਮੁ ਮੁਰਾਰੇ॥		Janam Maran Dhukh Maettiaa Jap Naam Muraarae ||	The pain of birth and death is removed, by chanting and meditating on the Naam, the Name of the Lord.	ਪਰਮਾਤਮਾ ਦਾ ਨਾਮ ਜਪ ਕੇ ਜਨਮ ਮਰਨ ਦੇ ਗੇੜ ਦਾ ਕਲੇਸ਼ ਮਿਟਾਇਆ ਜਾ ਸਕਦਾ ਹੈ।
19466	422	ਨਾਨਕ ਨਾਮੁ ਨ ਵੀਸਰੈ ਪੂਰਾ ਗੁਰੁ ਤਾਰੇ॥੮॥੨੨॥		Naanak Naam N Veesarai Pooraa Gur Thaarae ||8||22||	O Nanak, one who does not forget the Naam, is saved by the Perfect Guru. ||8||22||	ਹੇ ਨਾਨਕ! ਜਿਨ੍ਹਾਂ ਨੂੰ (ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ) ਨਾਮ ਨਹੀਂ ਭੁੱਲਦਾ, ਉਹਨਾਂ ਨੂੰ ਪੂਰਾ ਗੁਰੂ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ॥੮॥੨੨॥

19467	422	ਆਸਾ ਮਹਲਾ ੩ ਅਸਟਪਦੀਆ ਘਰੁ ੨	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Aasaa Mehalaa 3 Asattapadheeaa Ghar 2	Aasaa, Third Mehl, Ashtapadees, Second House:	ਰਾਗ ਆਸਾ, ਘਰ ੨ ਵਿੱਚ ਗੁਰੂ ਅਮਰਦਾਸ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
19468	422	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
19469	422	ਸਾਸਤੁ ਬੇਦੁ ਸਿੰਮ੍ਰਿਤਿ ਸਰੁ ਤੇਰਾ ਸੁਰਸਰੀ ਚਰਣ ਸਮਾਣੀ॥	(ਸਰੁ) ਸਮੁੰਦਰ। (ਸੁਰ-ਸਰੀ) ਗੰਗਾ। ਸਿੰਮ-ਰ੍ਿਤਿ	Saasath Baedh Sinmrith Sar Thaeraa Surasaree Charan Samaanee ||	The Shaastras, the Vedas and the Simritees are contained in the ocean of Your Name; the River Ganges is held in Your Feet.	ਹੇ ਪ੍ਰਭੂ! ਤੇਰਾ ਨਾਮ-ਸਰੋਵਰ (ਮੇਰੇ ਵਾਸਤੇ) ਸ਼ਾਸਤ੍ਰ ਵੇਦ ਸਿੰਮ੍ਰਿਤੀਆਂ (ਦੀ ਵਿਚਾਰ) ਹੈ, ਤੇਰੇ ਚਰਨਾਂ ਵਿਚ ਲੀਨਤਾ (ਮੇਰੇ ਵਾਸਤੇ) ਗੰਗਾ (ਆਦਿਕ ਤੀਰਥ ਦਾ ਇਸ਼ਨਾਨ) ਹੈ।
19470	422	ਸਾਖਾ ਤੀਨਿ ਮੂਲੁ ਮਤਿ ਰਾਵੈ ਤੂੰ ਤਾਂ ਸਰਬ ਵਿਡਾਣੀ॥੧॥	(ਸਾਖਾ ਤੀਨਿ) ਤਿੰਨ ਗੁਣਾਂ ਵਾਲੀ ਮਾਇਆ। (ਮੂਲੁ) ਮੁੱਢ ਹਰਿ ਜੀ। (ਵਿਡਾਣੀ) ਅਸਚਰਜ	Saakhaa Theen Mool Math Raavai Thoon Thaan Sarab Viddaanee ||1||	The intellect can understand the world of the three modes, but You, O Primal Lord, are totally astounding. ||1||	ਹੇ ਪ੍ਰਭੂ! ਤੂੰ ਇਸ ਸਾਰੇ ਅਸਚਰਜ ਜਗਤ ਦਾ ਮਾਲਕ ਹੈਂ, ਤੂੰ ਤ੍ਰਿਗੁਣੀ ਮਾਇਆ ਦਾ ਕਰਤਾ ਹੈਂ। ਮੇਰੀ ਬੁੱਧੀ (ਤੇਰੀ ਯਾਦ ਦੇ ਅਨੰਦ ਨੂੰ ਹੀ) ਮਾਣਦੀ ਰਹਿੰਦੀ ਹੈ ॥੧॥
19471	422	ਤਾ ਕੇ ਚਰਣ ਜਪੈ ਜਨੁ ਨਾਨਕੁ ਬੋਲੇ ਅੰਮ੍ਰਿਤ ਬਾਣੀ॥੧॥ਰਹਾਉ॥		Thaa Kae Charan Japai Jan Naanak Bolae Anmrith Baanee ||1|| Rehaao ||	Servant Nanak meditates on His Feet, and chants the Ambrosial Word of His Bani. ||1||Pause||	(ਪ੍ਰਭੂ ਦਾ) ਦਾਸ ਨਾਨਕ ਉਸ ਪਰਮਾਤਮਾ ਦੇ ਚਰਨਾਂ ਦਾ ਧਿਆਨ ਧਰੀ ਰੱਖਦਾ ਹੈ, ਆਤਮਕ ਜੀਵਨ ਦੇਣ ਵਾਲੀ ਉਸ ਦੀ ਸਿਫ਼ਤ-ਸਾਲਾਹ ਦੀ ਬਾਣੀ ਨੂੰ ਉਚਾਰਦਾ ਰਹਿੰਦਾ ਹੈ ॥੧॥ ਰਹਾਉ ॥

19472	422	ਤੇਤੀਸ ਕਰੋੜੀ ਦਾਸ ਤੁਮ੍ਹਾਰੇ ਰਿਧਿ ਸਿਧਿ ਪ੍ਰਾਣ ਅਧਾਰੀ॥	(ਤੇਤੀਸ ਕਰੋੜੀ) ਤੇਤੀ ਕ੍ਰੋੜ ਦੇਵਤੇ	Thaethees Karorree Dhaas Thumhaarae Ridhh Sidhh Praan Adhhaaree ||	Three hundred thirty million gods are Your servants. You bestow wealth, and the supernatural powers of the Siddhas; You are the Support of the breath of life.	(ਹੇ ਪ੍ਰਭੂ! ਲੋਕਾਂ ਦੇ ਮਿਥੇ ਹੋਏ) ਤੇਤੀ ਕ੍ਰੋੜ ਦੇਵਤੇ ਵੀ ਤੇਰੇ ਦਾਸ ਹਨ ਤੇ ਰਿੱਧੀਆਂ ਸਿੱਧੀਆਂ ਤੇ ਪ੍ਰਾਣਾਂ ਦਾ ਵੀ ਤੂੰ ਹੀ ਆਸਰਾ ਹੈਂ।
19473	423	ਤਾ ਕੇ ਰੂਪ ਨ ਜਾਹੀ ਲਖਣੇ ਕਿਆ ਕਰਿ ਆਖਿ ਵੀਚਾਰੀ॥੨॥		Thaa Kae Roop N Jaahee Lakhanae Kiaa Kar Aakh Veechaaree ||2||	His beauteous forms cannot be comprehended; what can anyone accomplish by discussing and debating? ||2||	ਉਸ ਪਰਮਾਤਮਾ ਦੇ ਅਨੇਕਾਂ ਹੀ ਰੂਪਾਂ ਦਾ ਬਿਆਨ ਨਹੀਂ ਕੀਤਾ ਜਾ ਸਕਦਾ; ਮੈਂ ਕੀਹ ਆਖ ਕੇ ਉਹਨਾਂ ਦਾ ਕੋਈ ਵਿਚਾਰ ਦੱਸਾਂ? ॥੨॥
19474	423	ਤੀਨਿ ਗੁਣਾ ਤੇਰੇ ਜੁਗ ਹੀ ਅੰਤਰਿ ਚਾਰੇ ਤੇਰੀਆ ਖਾਣੀ॥	(ਤੀਨਿ ਗੁਣਾ) ਰਜੋ ਤਮੋ ਸਤੋ। ਜੁੱਗ	Theen Gunaa Thaerae Jug Hee Anthar Chaarae Thaereeaa Khaanee ||	Throughout the ages, You are the three qualities, and the four sources of creation.	ਹੇ ਪ੍ਰਭੂ! ਇਸ ਜਗਤ ਵਿਚ (ਮਾਇਆ ਦੇ) ਤਿੰਨ ਗੁਣ ਤੇਰੇ ਹੀ ਪੈਦਾ ਕੀਤੇ ਹੋਏ ਹਨ ਤੇ (ਜਗਤ-ਉਤਪੱਤੀ ਦੀਆਂ) ਚਾਰ ਖਾਣੀਆਂ ਤੇਰੀਆਂ ਹੀ ਰਚੀਆਂ ਹੋਈਆਂ ਹਨ।
19475	423	ਕਰਮੁ ਹੋਵੈ ਤਾ ਪਰਮਪਦੁ ਪਾਈਐ ਕਥੇ ਅਕਥ ਕਹਾਣੀ॥੩॥	ਕਥੇ ਅ-ਕਥ: ਪੋਲੇ ਬੋਲੋ	Karam Hovai Thaa Param Padh Paaeeai Kathhae Akathh Kehaanee ||3||	If You show Your Mercy, then one obtains the supreme status, and speaks the Unspoken Speech. ||3||	ਤੇਰੀ ਮੇਹਰ ਹੋਵੇ ਤਦੋਂ ਹੀ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਸਕੀਦੀ ਹੈ, ਤਦੋਂ ਹੀ ਕੋਈ ਤੇਰੇ ਅਕੱਥ ਸਰੂਪ ਦੀਆਂ ਕੋਈ ਗੱਲਾਂ ਕਰ ਸਕਦਾ ਹੈ ॥੩॥

19476	423	ਤੂੰ ਕਰਤਾ ਕੀਆ ਸਭੁ ਤੇਰਾ ਕਿਆ ਕੋ ਕਰੈ ਪਰਾਣੀ॥		Thoon Karathaa Keeaa Sabh Thaeraa Kiaa Ko Karae Paraanee ||	You are the Creator; all are created by You. What can any mortal being do?	ਹੇ ਪ੍ਰਭੂ! ਤੂੰ ਸਾਰੀ ਸ੍ਰਿਸ਼ਟੀ ਦਾ ਰਚਨਹਾਰ ਹੈਂ, ਸਾਰਾ ਜਗਤ ਤੇਰਾ ਪੈਦਾ ਕੀਤਾ ਹੋਇਆ ਹੈ, ਤੇਰੇ ਹੁਕਮ ਤੋਂ ਬਿਨਾ ਕੋਈ ਜੀਵ ਕੁਝ ਨਹੀਂ ਕਰ ਸਕਦਾ।
19477	423	ਜਾ ਕਉ ਨਦਰਿ ਕਰਹਿ ਤੂੰ ਅਪਣੀ ਸਾਈ ਸਚਿ ਸਮਾਣੀ॥੪॥	ਸਾਂਈਂ	Jaa Ko Nadhar Karehi Thoon Apanee Saaee Sach Samaanee ||4||	He alone, upon whom You shower Your Grace, is absorbed into the Truth. ||4||	ਜਿਸ ਜੀਵ-ਇਸਤ੍ਰੀ ਉੱਤੇ ਤੂੰ ਮੇਹਰ ਦੀ ਨਜ਼ਰ ਕਰਦਾ ਹੈਂ ਉਹ ਤੇਰੇ ਸਦਾ-ਥਿਰ ਨਾਮ ਵਿਚ ਲੀਨ ਰਹਿੰਦੀ ਹੈ ॥੪॥
19478	423	ਨਾਮੁ ਤੇਰਾ ਸਭੁ ਕੋਈ ਲੇਤੁ ਹੈ ਜੇਤੀ ਆਵਣ ਜਾਣੀ॥		Naam Thaeraa Sabh Koee Laeth Hai Jaethee Aavan Jaanee ||	Everyone who comes and goes chants Your Name.	ਹੇ ਪ੍ਰਭੂ! ਜਿਤਨੀ ਭੀ ਆਵਾਗਵਨ ਵਿਚ ਪਈ ਹੋਈ ਸ੍ਰਿਸ਼ਟੀ ਹੈ ਇਸ ਵਿਚ ਹਰੇਕ ਜੀਵ (ਆਪਣੇ ਵਲੋਂ) ਤੇਰਾ ਹੀ ਨਾਮ ਜਪਦਾ ਹੈ,
19479	423	ਜਾ ਤੁਧੁ ਭਾਵੈ ਤਾ ਗੁਰਮੁਖਿ ਬੂਝੈ ਹੋਰ ਮਨਮੁਖਿ ਫਿਰੈ ਇਆਣੀ॥੫॥		Jaa Thudhh Bhaavai Thaa Guramukh Boojhai Hor Manamukh Firai Eiaanee ||5||	When it is pleasing to Your Will, then the Gurmukh understands. Otherwise, the self-willed manmukhs wander in ignorance. ||5||	ਪਰ ਜਦੋਂ ਤੈਨੂੰ ਚੰਗਾ ਲੱਗਦਾ ਤਾਂ ਗੁਰੂ ਦੀ ਸਰਨ ਪਿਆ ਹੋਇਆ ਜੀਵ (ਇਸ ਭੇਦ ਨੂੰ) ਸਮਝਦਾ ਹੈ, ਆਪਣੇ ਮਨ ਦੇ ਪਿਛੇ ਤੁਰਨ ਵਾਲੀ ਹੋਰ ਮੂਰਖ ਲੁਕਾਈ ਤਾਂ ਭਟਕਦੀ ਹੀ ਫਿਰਦੀ ਹੈ ॥੫॥

19480	423	ਚਾਰੇ ਵੇਦ ਬ੍ਰਹਮੇ ਕਉ ਦੀਏ ਪੜਿ ਪੜਿ ਕਰੇ ਵੀਚਾਰੀ॥		Chaarae Vaedh Brehamae Ko Dheeeae Parr Parr Karae Veechaaree ||	You gave the four Vedas to Brahma, for him to read and read continually, and reflect upon.	(ਬ੍ਰਹਮਾ ਇਤਨਾ ਵੱਡਾ ਦੇਵਤਾ ਮੰਨਿਆ ਗਿਆ ਹੈ, ਕਹਿੰਦੇ ਹਨ ਪਰਮਾਤਮਾ ਨੇ) ਚਾਰੇ ਵੇਦ ਬ੍ਰਹਮਾ ਨੂੰ ਦਿੱਤੇ (ਬ੍ਰਹਮਾ ਨੇ ਚਾਰੇ ਵੇਦ ਰਚੇ, ਉਹ ਇਹਨਾਂ ਨੂੰ) ਮੁੜ ਮੁੜ ਪੜ੍ਹਕੇ ਇਹਨਾਂ ਦੀ ਹੀ ਵਿਚਾਰ ਕਰਦਾ ਰਿਹਾ।
19481	423	ਤਾ ਕਾ ਹੁਕਮੁ ਨ ਬੂਝੈ ਬਪੁੜਾ ਨਰਕਿ ਸੁਰਗਿ ਅਵਤਾਰੀ॥੬॥	(ਬੱਪੁੜਾ) ਵਿਚਾਰਾ। ਬੂੱਝੈ	Thaa Kaa Hukam N Boojhai Bapurraa Narak Surag Avathaaree ||6||	The wretched one does not understand His Command, and is reincarnated into heaven and hell. ||6||	ਉਹ ਵਿਚਾਰਾ ਇਹ ਨਾਹ ਸਮਝ ਸਕਿਆ ਕਿ ਪ੍ਰਭੂ ਦਾ ਹੁਕਮ ਮੰਨਣਾ ਸਹੀ ਜੀਵਨ-ਰਾਹ ਹੈ, ਉਹ ਨਰਕ ਸੁਰਗ ਦੀਆਂ ਵਿਚਾਰਾਂ ਵਿਚ ਹੀ ਟਿਕਿਆ ਰਿਹਾ ॥੬॥
19482	423	ਜੁਗਹ ਜੁਗਹ ਕੇ ਰਾਜੇ ਕੀਏ ਗਾਵਹਿ ਕਰਿ ਅਵਤਾਰੀ॥	ਜੁੱਗਹ ਜੁੱਗਹ	Jugeh Jugeh Kae Raajae Keeeae Gaavehi Kar Avathaaree ||	In each and every age, He creates the kings, who are sung of as His Incarnations.	(ਪਰਮਾਤਮਾ ਨੇ ਰਾਮ ਕ੍ਰਿਸ਼ਨ ਆਦਿਕ) ਆਪੋ ਆਪਣੇ ਜੁਗ ਦੇ ਮਹਾਂ ਪੁਰਖ ਪੈਦਾ ਕੀਤੇ, ਲੋਕ ਉਹਨਾਂ ਨੂੰ (ਪਰਮਾਤਮਾ ਦਾ) ਅਵਤਾਰ ਮੰਨ ਕੇ ਸਲਾਹੁੰਦੇ ਚਲੇ ਆ ਰਹੇ ਹਨ।
19483	423	ਤਿਨ ਭੀ ਅੰਤੁ ਨ ਪਾਇਆ ਤਾ ਕਾ ਕਿਆ ਕਰਿ ਆਖਿ ਵੀਚਾਰੀ॥੭॥		Thin Bhee Anth N Paaeiaa Thaa Kaa Kiaa Kar Aakh Veechaaree ||7||	Even they have not found His limits; what can I speak of and contemplate? ||7||	ਉਹਨਾਂ ਨੇ ਭੀ ਉਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਲੱਭਾ, ਮੈਂ (ਵਿਚਾਰਾ) ਕੀਹ ਆਖ ਕੇ ਉਸ ਦੇ ਗੁਣਾਂ ਦਾ ਵਿਚਾਰ ਕਰ ਸਕਦਾ ਹਾਂ? ॥੭॥

19484	423	ਤੂੰ ਸਚਾ ਤੇਰਾ ਕੀਆ ਸਭੁ ਸਾਚਾ ਦੇਹਿ ਤ ਸਾਚੁ ਵਖਾਣੀ॥	(ਵਖਾਣੀ) ਉਚਾਰਦਾ	Thoon Sachaa Thaeraa Keeaa Sabh Saachaa Dhaehi Th Saach Vakhaanee ||	You are True, and all that You do is True. If You bless me with the Truth, I will speak on it.	ਹੇ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੇਰਾ ਪੈਦਾ ਕੀਤਾ ਹੋਇਆ ਜਗਤ ਤੇਰੀ ਸਦਾ-ਥਿਰ ਹਸਤੀ ਦਾ ਸਰੂਪ ਹੈ। ਜੇ ਤੂੰ ਆਪ (ਆਪਣੇ ਨਾਮ ਦੀ ਦਾਤਿ) ਦੇਵੇਂ ਤਾਂ ਹੀ ਮੈਂ ਤੇਰਾ ਸਦਾ-ਥਿਰ ਨਾਮ ਉਚਾਰ ਸਕਦਾ ਹਾਂ।
19485	423	ਜਾ ਕਉ ਸਚੁ ਬੁਝਾਵਹਿ ਅਪਣਾ ਸਹਜੇ ਨਾਮਿ ਸਮਾਣੀ॥੮॥੧॥੨੩॥	ਬੁੱਝਾਵਹਿ	Jaa Ko Sach Bujhaavehi Apanaa Sehajae Naam Samaanee ||8||1||23||	One whom You inspire to understand the Truth, is easily absorbed into the Naam. ||8||1||23||	ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਆਪਣਾ ਸਦਾ-ਥਿਰ ਨਾਮ ਜਪਣ ਦੀ ਸੂਝ ਬਖ਼ਸ਼ਦਾ ਹੈਂ ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਤੇਰੇ ਨਾਮ ਵਿਚ ਲੀਨ ਰਹਿੰਦਾ ਹੈ ॥੮॥੧॥੨੩॥
19486	423	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
19487	423	ਸਤਿਗੁਰ ਹਮਰਾ ਭਰਮੁ ਗਵਾਇਆ॥		Sathigur Hamaraa Bharam Gavaaeiaa ||	The True Guru has dispelled my doubts.	ਗੁਰੂ ਨੇ ਮੇਰੀ ਭਟਕਣਾ ਮੁਕਾ ਦਿੱਤੀ ਹੈ,
19488	423	ਹਰਿ ਨਾਮੁ ਨਿਰੰਜਨੁ ਮੰਨਿ ਵਸਾਇਆ॥		Har Naam Niranjan Mann Vasaaeiaa ||	He has enshrined the Immaculate Name of the Lord within my mind.	ਤੇ ਨਿਰਲੇਪ ਪ੍ਰਭੂ ਦਾ ਨਾਮ ਮੇਰੇ ਮਨ ਵਿਚ ਵਸਾ ਦਿੱਤਾ ਹੈ।

19489	423	ਸਬਦੁ ਚੀਨਿ ਸਦਾ ਸੁਖੁ ਪਾਇਆ॥੧॥	(ਚੀਨਿ) ਜਾਣ ਕੇ	Sabadh Cheen Sadhaa Sukh Paaeiaa ||1||	Focusing on the Word of the Shabad, I have obtained lasting peace. ||1||	ਹੁਣ ਮੈਂ ਗੁਰੂ ਦੇ ਸ਼ਬਦ ਨੂੰ ਪਛਾਣ ਕੇ (ਸ਼ਬਦ ਦੀ ਕਦਰ ਸਮਝ ਕੇ) ਸਦਾ ਟਿਕੇ ਰਹਿਣ ਵਾਲਾ ਆਤਮਕ ਆਨੰਦ ਮਾਣ ਰਿਹਾ ਹਾਂ ॥੧॥
19490	423	ਸੁਣਿ ਮਨ ਮੇਰੇ ਤਤੁ ਗਿਆਨੁ॥	ਤੱਤੁ	Sun Man Maerae Thath Giaan ||	Listen, O my mind, to the essence of spiritual wisdom.	ਹੇ ਮੇਰੇ ਮਨ! (ਪਰਮਾਤਮਾ ਬਾਰੇ ਇਹ) ਇਹ ਅਸਲੀਅਤ ਦੀ ਗਲ ਸੁਣ,
19491	423	ਦੇਵਣ ਵਾਲਾ ਸਭ ਬਿਧਿ ਜਾਣੈ ਗੁਰਮੁਖਿ ਪਾਈਐ ਨਾਮੁ ਨਿਧਾਨੁ॥੧॥ਰਹਾਉ॥		Dhaevan Vaalaa Sabh Bidhh Jaanai Guramukh Paaeeai Naam Nidhhaan ||1|| Rehaao ||	The Great Giver knows our condition completely; the Gurmukh obtains the treasure of the Naam, the Name of the Lord. ||1||Pause||	ਕਿ ਪ੍ਰਭੂ ਜੋ ਸਾਰੇ ਪਦਾਰਥ ਦੇਣ ਦੀ ਸਮਰੱਥਾ ਵਾਲਾ ਹੈ ਤੇ ਹਰੇਕ ਢੰਗ ਜਾਣਦਾ ਹੈ। (ਸਾਰੇ ਸੁਖਾਂ ਦਾ) ਖ਼ਜ਼ਾਨਾ (ਉਸ ਦਾ) ਨਾਮ ਗੁਰੂ ਦੀ ਸਰਨ ਪਿਆਂ ਮਿਲਦਾ ਹੈ ॥੧॥ ਰਹਾਉ ॥
19492	423	ਸਤਿਗੁਰ ਭੇਟੇ ਕੀ ਵਡਿਆਈ॥	(ਭੇਟੇ) ਮਿਲੇ	Sathigur Bhaettae Kee Vaddiaaee ||	The great glory of meeting the True Guru is	ਇਹ ਗੁਰੂ ਨੂੰ ਮਿਲਣ ਦੀ ਹੀ ਬਰਕਤ ਹੈ ਕਿ,
19493	423	ਜਿਨਿ ਮਮਤਾ ਅਗਨਿ ਤ੍ਰਿਸਨਾ ਬੁਝਾਈ॥	ਬੁਝਾਈ: ਪੋਲਾ ਬੋਲੋ	Jin Mamathaa Agan Thrisanaa Bujhaaee ||	That it has quenched the fire of possessiveness and desire;	ਮੇਰੀ ਮੋਹ ਤੇ ਤ੍ਰਿਸ਼ਨਾ ਦੀ ਅੱਗ ਬੁਝ ਗਈ ਹੈ,
19494	423	ਸਹਜੇ ਮਾਤਾ ਹਰਿ ਗੁਣ ਗਾਈ॥੨॥	ਮੱਾਤਾ	Sehajae Maathaa Har Gun Gaaee ||2||	Imbued with peace and poise, I sing the Glorious Praises of the Lord. ||2||	ਤੇ ਹੁਣ ਮੈਂ ਆਤਮਕ ਅਡੋਲਤਾ ਵਿਚ ਮਸਤ ਰਹਿ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ ॥੨॥

19495	423	ਵਿਣੁ ਗੁਰ ਪੂਰੇ ਕੋਇ ਨ ਜਾਣੀ॥		Vin Gur Poorae Koe N Jaanee ||	Without the Perfect Guru, no one knows the Lord.	ਪੂਰੇ ਗੁਰੂ ਨੂੰ ਮਿਲਣ ਤੋਂ ਬਿਨਾ ਕੋਈ ਮਨੁੱਖ (ਪ੍ਰਭੂ ਬਾਰੇ ਤੱਤ-ਗਿਆਨ) ਨਹੀਂ ਜਾਣ ਸਕਦਾ,
19496	423	ਮਾਇਆ ਮੋਹਿ ਦੂਜੈ ਲੋਭਾਣੀ॥		Maaeiaa Mohi Dhoojai Lobhaanee ||	Attached to Maya, they are engrossed in duality.	(ਕਿਉਂਕਿ ਗੁਰੂ ਦੀ ਸਰਨ ਤੋਂ ਬਿਨਾਂ) ਮਨੁੱਖ ਮਾਇਆ ਦੇ ਮੋਹ ਵਿਚ ਹੋਰ ਹੋਰ ਲੋਭ ਵਿਚ ਫਸਿਆ ਰਹਿੰਦਾ ਹੈ।
19497	423	ਗੁਰਮੁਖਿ ਨਾਮੁ ਮਿਲੈ ਹਰਿ ਬਾਣੀ॥੩॥		Guramukh Naam Milai Har Baanee ||3||	The Gurmukh receives the Naam, and the Bani of the Lord's Word. ||3||	ਗੁਰੂ ਦੀ ਸਰਨ ਪਿਆਂ ਹੀ ਪ੍ਰਭੂ ਦਾ ਨਾਮ ਮਿਲਦਾ ਹੈ, ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ (ਦੀ ਕਦਰ) ਪੈਂਦੀ ਹੈ ॥੩॥
19498	423	ਗੁਰ ਸੇਵਾ ਤਪਾਂ ਸਿਰਿ ਤਪੁ ਸਾਰੁ॥		Gur Saevaa Thapaan Sir Thap Saar ||	Service to the Guru is the most excellent and sublime penance of penances.	(ਹੇ ਮੇਰੇ ਮਨ!) ਗੁਰੂ ਦੀ ਦੱਸੀ ਸੇਵਾ ਹੀ ਸਭ ਤੋਂ ਸ੍ਰੇਸ਼ਟ ਤਪ ਹੈ,
19499	423	ਹਰਿ ਜੀਉ ਮਨਿ ਵਸੈ ਸਭ ਦੂਖ ਵਿਸਾਰਣਹਾਰੁ॥		Har Jeeo Man Vasai Sabh Dhookh Visaaranehaar ||	The Dear Lord dwells in the mind, and all suffering departs.	ਜਿਸ ਨਾਲ ਸਾਰੇ ਦੁੱਖ ਦੂਰ ਹੁੰਦੇ ਹਨ ਤੇ ਪਰਮਾਤਮਾ ਮਨ ਵਿਚ ਆ ਵੱਸਦਾ ਹੈ,
19500	423	ਦਰਿ ਸਾਚੈ ਦੀਸੈ ਸਚਿਆਰੁ॥੪॥		Dhar Saachai Dheesai Sachiaar ||4||	Then, at the Gate of the True Lord, one appears truthful. ||4||	ਤੇ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਸੁਰਖ਼-ਰੂ ਦਿੱਸਦਾ ਹੈ ॥੪॥
19501	423	ਗੁਰ ਸੇਵਾ ਤੇ ਤ੍ਰਿਭਵਣ ਸੋਝੀ ਹੋਇ॥		Gur Saevaa Thae Thribhavan Sojhee Hoe ||	Serving the Guru, one comes to know the three worlds.	(ਹੇ ਮੇਰੇ ਮਨ!) ਗੁਰੂ ਦੀ ਦੱਸੀ ਸੇਵਾ ਦੀ ਬਰਕਤਿ ਨਾਲ ਤਿੰਨਾਂ ਭਵਨਾਂ ਵਿਚ ਵਿਆਪਕ ਪਰਮਾਤਮਾ ਦੀ ਸੂਝ ਪ੍ਰਾਪਤ ਹੁੰਦੀ ਹੈ,

19502	423	ਆਪੁ ਪਛਾਣਿ ਹਰਿ ਪਾਵੈ ਸੋਇ॥		Aap Pashhaan Har Paavai Soe ||	Understanding his own self, he obtains the Lord.	ਤੇ ਉਹ ਮਨੁੱਖ ਆਪਣਾ ਆਤਮਕ ਜੀਵਨ ਪੜਤਾਲ ਕੇ ਪਰਮਾਤਮਾ ਨੂੰ ਮਿਲ ਪੈਂਦਾ ਹੈ।
19503	423	ਸਾਚੀ ਬਾਣੀ ਮਹਲੁ ਪਰਾਪਤਿ ਹੋਇ॥੫॥	ਮਹ-ਲੁ	Saachee Baanee Mehal Paraapath Hoe ||5||	Through the True Word of His Bani, we enter the Mansion of His Presence. ||5||	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਦੀ ਬਰਕਤਿ ਨਾਲ ਉਸ ਨੂੰ ਪਰਮਾਤਮਾ ਦੇ ਚਰਨਾਂ ਵਿਚ ਥਾਂ ਮਿਲ ਜਾਂਦੀ ਹੈ ॥੫॥
19504	423	ਗੁਰ ਸੇਵਾ ਤੇ ਸਭ ਕੁਲ ਉਧਾਰੇ॥		Gur Saevaa Thae Sabh Kul Oudhhaarae ||	Serving the Guru, all of one's generations are saved.	(ਹੇ ਮੇਰੇ ਮਨ!) ਗੁਰੂ ਦੀ ਦੱਸੀ ਸੇਵਾ ਦਾ ਸਦਕਾ ਮਨੁੱਖ ਆਪਣੀਆਂ ਸਾਰੀਆਂ ਕੁਲਾਂ ਨੂੰ ਭੀ ਵਿਕਾਰਾਂ ਤੋਂ ਬਚਾ ਲੈਂਦਾ ਹੈ,
19505	423	ਨਿਰਮਲ ਨਾਮੁ ਰਖੈ ਉਰਿ ਧਾਰੇ॥		Niramal Naam Rakhai Our Dhhaarae ||	Keep the Immaculate Naam enshrined within your heart.	ਮਨੁੱਖ ਪਰਮਾਤਮਾ ਦੇ ਪਵਿਤ੍ਰ ਨਾਮ ਨੂੰ ਆਪਣੇ ਹਿਰਦੇ ਵਿਚ ਟਿਕਾਈ ਰੱਖਦਾ ਹੈ,
19506	423	ਸਾਚੀ ਸੋਭਾ ਸਾਚਿ ਦੁਆਰੇ॥੬॥		Saachee Sobhaa Saach Dhuaarae ||6||	In the Court of the True Lord, you shall be adorned with True Glory. ||6||	ਤੇ ਉਸ ਨੂੰ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਸਦਾ-ਟਿਕਵੀਂ ਵਡਿਆਈ ਮਿਲ ਜਾਂਦੀ ਹੈ ॥੬॥
19507	423	ਸੇ ਵਡਭਾਗੀ ਜਿ ਗੁਰਿ ਸੇਵਾ ਲਾਏ॥		Sae Vaddabhaagee J Gur Saevaa Laaeae ||	How very fortunate are they, who are committed to the Guru's service.	(ਹੇ ਮੇਰੇ ਮਨ!) ਉਹ ਮਨੁੱਖ ਵੱਡੇ ਭਾਗਾਂ ਵਾਲੇ ਹਨ ਜਿਨ੍ਹਾਂ ਨੂੰ ਗੁਰੂ ਨੇ ਪਰਮਾਤਮਾ ਦੀ ਸੇਵਾ ਭਗਤੀ ਵਿਚ ਜੋੜ ਦਿੱਤਾ ਹੈ।

19508	423	ਅਨ ਦਿਨੁ ਭਗਤਿ ਸਚੁ ਨਾਮੁ ਦ੍ਰਿੜਾਏ॥		Anadhin Bhagath Sach Naam Dhrirraaeae ||	Night and day, they are engaged in devotional worship; the True Name is implanted within them.	ਗੁਰੂ ਉਹਨਾਂ ਦੇ ਹਿਰਦੇ ਵਿਚ ਹਰ ਵੇਲੇ ਪਰਮਾਤਮਾ ਦੀ ਭਗਤੀ ਤੇ ਸਦਾ-ਥਿਰ ਨਾਮ ਦਾ ਸਿਮਰਨ ਪੱਕਾ ਕਰ ਦੇਂਦਾ ਹੈ।
19509	423	ਨਾਮੇ ਉਧਰੇ ਕੁਲ ਸਬਾਏ॥੭॥		Naamae Oudhharae Kul Sabaaeae ||7||	Through the Naam, all of one's generations are saved. ||7||	(ਹੇ ਮਨ!) ਹਰਿ-ਨਾਮ ਦੀ ਬਰਕਤਿ ਨਾਲ, ਉਹਨਾਂ ਦੇ ਸਾਰੇ ਕੁਲ ਭੀ ਵਿਕਾਰਾਂ ਤੋਂ ਬਚ ਜਾਂਦੇ ਹਨ ॥੭॥
19510	423	ਨਾਨਕੁ ਸਾਚੁ ਕਹੈ ਵੀਚਾਰੁ॥		Naanak Saach Kehai Veechaar ||	Nanak chants the true thought.	ਨਾਨਕ (ਤੈਨੂੰ) ਅਟੱਲ (ਨਿਯਮ ਦੀ) ਵਿਚਾਰ ਦੱਸਦਾ ਹੈ,
19511	423	ਹਰਿ ਕਾ ਨਾਮੁ ਰਖਹੁ ਉਰਿ ਧਾਰਿ॥		Har Kaa Naam Rakhahu Our Dhhaar ||	Keep the Name of the Lord enshrined within your heart.	(ਉਹ ਵਿਚਾਰ ਇਹ ਹੈ ਕਿ) ਪਰਮਾਤਮਾ ਦਾ ਨਾਮ ਸਦਾ ਆਪਣੇ ਹਿਰਦੇ ਵਿਚ ਟਿਕਾਈ ਰੱਖ।
19512	423	ਹਰਿ ਭਗਤੀ ਰਾਤੇ ਮੋਖ ਦੁਆਰੁ॥੮॥੨॥੨੪॥		Har Bhagathee Raathae Mokh Dhuaar ||8||2||24||	Imbued with devotion to the Lord, the gate of salvation is found. ||8||2||24||	ਜੇਹੜੇ ਮਨੁੱਖ ਪਰਮਾਤਮਾ ਦੀ ਭਗਤੀ (ਦੇ ਰੰਗ) ਵਿਚ ਰੰਗੇ ਜਾਂਦੇ ਹਨ ਉਹਨਾਂ ਨੂੰ (ਵਿਕਾਰਾਂ ਤੋਂ) ਖ਼ਲਾਸੀ ਪਾਣ ਦਾ ਦਰਵਾਜ਼ਾ ਲੱਭ ਪੈਂਦਾ ਹੈ ॥੮॥੨॥੨੪॥
19513	423	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
19514	423	ਆਸਾ ਆਸ ਕਰੇ ਸਭੁ ਕੋਈ॥		Aasaa Aas Karae Sabh Koee ||	Everyone lives, hoping in hope.	(ਦੁਨੀਆ ਵਿਚ) ਹਰੇਕ ਜੀਵ ਆਸਾਂ ਹੀ ਆਸਾਂ ਬਣਾਂਦਾ ਰਹਿੰਦਾ ਹੈ।

19515	423	ਹੁਕਮੈ ਬੂਝੈ ਨਿਰਾਸਾ ਹੋਈ॥	ਬੂੱਝੈ	Hukamai Boojhai Niraasaa Hoee ||	Understanding His Command, one becomes free of desire.	ਜੇਹੜਾ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ ਸਮਝ ਲੈਂਦਾ ਹੈ ਉਹ ਆਸਾਂ ਦੇ ਜਾਲ ਵਿਚੋਂ ਨਿਕਲ ਜਾਂਦਾ ਹੈ।
19516	423	ਆਸਾ ਵਿਚਿ ਸੁਤੇ ਕਈ ਲੋਈ॥	(ਲੋਈ) ਜਗਤ। ਸੁੱਤੇ	Aasaa Vich Suthae Kee Loee ||	So many are asleep in hope.	ਬੇਅੰਤ ਲੁਕਾਈ ਆਸਾਂ (ਦੇ ਜਾਲ) ਵਿਚ (ਫਸ ਕੇ ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤੀ ਪਈ ਹੈ।
19517	423	ਸੋ ਜਾਗੈ ਜਾਗਾਵੈ ਸੋਈ॥੧॥		So Jaagai Jaagaavai Soee ||1||	He alone wakes up, whom the Lord awakens. ||1||	ਉਹੀ ਮਨੁੱਖ (ਇਸ ਨੀਂਦ ਵਿਚੋਂ) ਜਾਗਦਾ ਹੈ ਜਿਸ ਨੂੰ (ਗੁਰੂ ਦੀ ਸਰਨ ਪਾ ਕੇ) ਪਰਮਾਤਮਾ ਆਪ ਜਗਾਂਦਾ ਹੈ ॥੧॥
19518	423	ਸਤਿਗੁਰਿ ਨਾਮੁ ਬੁਝਾਇਆ ਵਿਣੁ ਨਾਵੈ ਭੁਖ ਨ ਜਾਈ॥	ਬੁੱਝਾਇਆ	Sathigur Naam Bujhaaeiaa Vin Naavai Bhukh N Jaaee ||	The True Guru has led me to understand the Naam, the Name of the Lord; without the Naam, hunger does not go away.	ਗੁਰੂ ਨੇ (ਜਿਸ ਨੂੰ) ਹਰਿ-ਨਾਮ (ਸਿਮਰਨਾ) ਸਿਖਾ ਦਿੱਤਾ (ਉਸ ਦੀ ਮਾਇਆ ਵਾਲੀ ਭੁੱਖ ਮਿਟ ਗਈ)। ਹਰਿ-ਨਾਮ ਤੋਂ ਬਿਨਾ (ਮਾਇਆ ਵਾਲੀ) ਭੁੱਖ ਦੂਰ ਨਹੀਂ ਹੁੰਦੀ।
19519	424	ਨਾਮੇ ਤ੍ਰਿਸਨਾ ਅਗਨਿ ਬੁਝੈ ਨਾਮੁ ਮਿਲੈ ਤਿਸੈ ਰਜਾਈ॥੧॥ਰਹਾਉ॥	ਬੁਝੈ: ਪੋਲਾ ਬੋਲੋ	Naamae Thrisanaa Agan Bujhai Naam Milai Thisai Rajaaee ||1|| Rehaao ||	Through the Naam, the fire of desire is extinguished; the Naam is obtained by His Will. ||1||Pause||	(ਮਾਇਆ ਦੀ) ਤ੍ਰਿਸ਼ਨਾ ਦੀ ਅੱਗ ਪਰਮਾਤਮਾ ਦੇ ਨਾਮ ਦੀ ਰਾਹੀਂ ਹੀ ਬੁੱਝਦੀ ਹੈ, ਤੇ ਇਹ ਨਾਮ ਉਸ ਮਾਲਕ ਦੀ ਰਜ਼ਾ ਅਨੁਸਾਰ ਮਿਲਦਾ ਹੈ (ਗੁਰੂ ਦੀ ਰਾਹੀਂ) ॥੧॥ ਰਹਾਉ ॥

19520	424	ਕਲਿ ਕੀਰਤਿ ਸਬਦੁ ਪਛਾਨੁ॥		Kal Keerath Sabadh Pashhaan ||	In the Dark Age of Kali Yuga, realize the Word of the Shabad.	ਇਸ ਜਗਤ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਰਹੁ, ਤੇ ਗੁਰੂ ਦੇ ਸ਼ਬਦ ਨਾਲ ਜਾਣ-ਪਛਾਣ ਪਾਈ ਰੱਖ।
19521	424	ਏਹਾ ਭਗਤਿ ਚੂਕੈ ਅਭਿਮਾਨੁ॥		Eaehaa Bhagath Chookai Abhimaan ||	By this devotional worship, egotism is eliminated.	ਇਹ ਪਰਮਾਤਮਾ ਦੀ ਭਗਤੀ ਹੀ ਹੈ ਜਿਸ ਨਾਲ ਮਨ ਵਿਚੋਂ ਅਹੰਕਾਰ ਦੂਰ ਹੁੰਦਾ ਹੈ,
19522	424	ਸਤਿਗੁਰੁ ਸੇਵਿਐ ਹੋਵੈ ਪਰਵਾਨੁ॥		Sathigur Saeviai Hovai Paravaan ||	Serving the True Guru, one becomes approved.	ਤੇ ਗੁਰੂ ਦੀ ਦੱਸੀ ਸੇਵਾ ਕੀਤਿਆਂ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਕਬੂਲ ਹੋ ਜਾਂਦਾ ਹੈ।
19523	424	ਜਿਨਿ ਆਸਾ ਕੀਤੀ ਤਿਸ ਨੋ ਜਾਨੁ॥੨॥		Jin Aasaa Keethee This No Jaan ||2||	So know the One, who created hope and desire. ||2||	ਉਸ ਪਰਮਾਤਮਾ ਨਾਲ ਡੂੰਘੀ ਸਾਂਝ ਬਣਾ ਜਿਸ ਨੇ ਆਸਾ (ਮਨੁੱਖ ਦੇ ਮਨ ਵਿਚ) ਪੈਦਾ ਕੀਤੀ ਹੈ ॥੨॥
19524	424	ਤਿਸੁ ਕਿਆ ਦੀਜੈ ਜਿ ਸਬਦੁ ਸੁਣਾਏ॥		This Kiaa Dheejai J Sabadh Sunaaeae ||	What shall we offer to one who proclaims the Word of the Shabad?	ਉਸ ਨੂੰ ਕੇਹੜੀ ਭੇਟਾ ਦੇਣੀ ਚਾਹੀਦੀ ਹੈ, ਜੇਹੜਾ (ਗੁਰੂ) ਆਪਣਾ ਸ਼ਬਦ ਸੁਣਾਂਦਾ ਹੈ,
19525	424	ਕਰਿ ਕਿਰਪਾ ਨਾਮੁ ਮੰਨਿ ਵਸਾਏ॥		Kar Kirapaa Naam Mann Vasaaeae ||	By His Grace, the Naam is enshrined within our minds.	ਤੇ ਮੇਹਰ ਕਰ ਕੇ ਪਰਮਾਤਮਾ ਦਾ ਨਾਮ (ਸਾਡੇ) ਮਨ ਵਿਚ ਵਸਾਂਦਾ ਹੈ?
19526	424	ਇਹੁ ਸਿਰੁ ਦੀਜੈ ਆਪੁ ਗਵਾਏ॥		Eihu Sir Dheejai Aap Gavaaeae ||	Offer your head, and shed your self-conceit.	ਉਸ (ਗੁਰੂ) ਅਗੇ ਇਹ ਸਿਰ ਭੇਟਾ ਕਰਕੇ (ਹੰਕਾਰ ਨੂੰ ਮਾਰ ਕੇ) ਆਪਾ-ਭਾਵ ਦੂਰ ਕਰਨਾ ਚਾਹਿਦਾ ਹੈ।

19527	424	ਹੁਕਮੈ ਬੂਝੇ ਸਦਾ ਸੁਖੁ ਪਾਏ॥੩॥		Hukamai Boojhae Sadhaa Sukh Paaeae ||3||	One who understands the Lord's Command finds lasting peace. ||3||	ਤੇ ਜੋ ਇਸ ਤਰ੍ਹਾਂ ਹੰਕਾਰ ਨੂੰ ਮਾਰਦਾ ਹੈ ਉਹ ਪਰਮਾਤਮਾ ਦੀ ਰਜ਼ਾ ਨੂੰ ਸਮਝ ਕੇ ਸਦਾ ਆਤਮਕ ਆਨੰਦ ਮਾਣਦਾ ਹੈ ॥੩॥
19528	424	ਆਪਿ ਕਰੇ ਤੈ ਆਪਿ ਕਰਾਏ॥		Aap Karae Thai Aap Karaaeae ||	He Himself does, and causes others to do.	ਪਰਮਾਤਮਾ ਸਭ ਕੁਝ ਆਪ ਹੀ ਕਰ ਰਿਹਾ ਹੈ, ਅਤੇ ਆਪ ਹੀ ਜੀਵਾਂ ਪਾਸੋਂ ਕਰਾਂਦਾ ਹੈ।
19529	424	ਆਪੇ ਗੁਰਮੁਖਿ ਨਾਮੁ ਵਸਾਏ॥		Aapae Guramukh Naam Vasaaeae ||	He Himself enshrines His Name in the mind of the Gurmukh.	ਉਹ ਆਪ ਹੀ ਗੁਰੂ ਦੀ ਰਾਹੀਂ (ਮਨੁੱਖ ਦੇ ਮਨ ਵਿਚ ਆਪਣਾ) ਨਾਮ ਵਸਾਂਦਾ ਹੈ।
19530	424	ਆਪਿ ਭੁਲਾਵੈ ਆਪਿ ਮਾਰਗਿ ਪਾਏ॥		Aap Bhulaavai Aap Maarag Paaeae ||	He Himself misleads us, and He Himself puts us back on the Path.	ਪਰਮਾਤਮਾ ਆਪ ਹੀ ਕੁਰਾਹੇ ਪਾਂਦਾ ਹੈ ਆਪ ਹੀ ਸਹੀ ਰਸਤੇ ਪਾਂਦਾ ਹੈ।
19531	424	ਸਚੈ ਸਬਦਿ ਸਚਿ ਸਮਾਏ॥੪॥		Sachai Sabadh Sach Samaaeae ||4||	Through the True Word of the Shabad, we merge into the True Lord. ||4||	(ਜਿਸ ਮਨੁੱਖ ਨੂੰ ਸਹੀ ਰਸਤੇ ਪਾਂਦਾ ਹੈ ਉਹ ਮਨੁੱਖ) ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਜੁੜ ਕੇ ਸਦਾ-ਥਿਰ ਹਰਿ-ਨਾਮ ਵਿਚ ਲੀਨ ਰਹਿੰਦਾ ਹੈ ॥੪॥
19532	424	ਸਚਾ ਸਬਦੁ ਸਚੀ ਹੈ ਬਾਣੀ॥		Sachaa Sabadh Sachee Hai Baanee ||	True is the Shabad, and True is the Word of the Lord's Bani.	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਸ਼ਬਦ ਹੀ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਹੈ,

19533	424	ਗੁਰਮੁਖਿ ਜੁਗਿ ਜੁਗਿ ਆਖਿ ਵਖਾਣੀ॥		Guramukh Jug Jug Aakh Vakhaanee ||	In each and every age, the Gurmukhs speak it and chant it.	ਜੋ ਹਰੇਕ ਜੁਗ ਵਿਚ ਲੁਕਾਈ ਗੁਰੂ ਦੀ ਰਾਹੀਂ ਉਚਾਰਦੀ ਆਈ ਹੈ (ਤੇ ਮਾਇਆ ਦੇ ਮੋਹ ਭਰਮ ਤੋਂ ਬਚਦੀ ਆਈ ਹੈ)।
19534	424	ਮਨਮੁਖਿ ਮੋਹਿ ਭਰਮਿ ਭੋਲਾਣੀ॥		Manamukh Mohi Bharam Bholaanee ||	The self-willed manmukhs are deluded by doubt and attachment.	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਹਰੇਕ ਜੁਗ ਵਿਚ ਹੀ) ਮਾਇਆ ਦੇ ਮੋਹ ਵਿਚ ਫਸਿਆ ਰਿਹਾ, ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਿਹਾ।
19535	424	ਬਿਨੁ ਨਾਵੈ ਸਭ ਫਿਰੈ ਬਉਰਾਣੀ॥੫॥	(ਬਉਰਾਣੀ) ਕਮਲੀ	Bin Naavai Sabh Firai Bouraanee ||5||	Without the Name, everyone wanders around insane. ||5||	ਪਰਮਾਤਮਾ ਦੇ ਨਾਮ ਤੋਂ ਖੁੰਝ ਕੇ (ਹਰੇਕ ਜੁਗ ਵਿਚ ਹੀ) ਝੱਲੀ ਲੁਕਾਈ ਭਟਕਦੀ ਰਹੀ ਹੈ ॥੫॥
19536	424	ਤੀਨਿ ਭਵਨ ਮਹਿ ਏਕਾ ਮਾਇਆ॥		Theen Bhavan Mehi Eaekaa Maaeiaa ||	Throughout the three worlds, is the one Maya.	ਤਿੰਨਾਂ ਹੀ ਭਵਨਾਂ ਵਿਚ ਇਕ ਮਾਇਆ ਦਾ ਹੀ ਪ੍ਰਭਾਵ ਚਲਿਆ ਆ ਰਿਹਾ ਹੈ।
19537	424	ਮੂਰਖਿ ਪੜਿ ਪੜਿ ਦੂਜਾ ਭਾਉ ਦ੍ਰਿੜਾਇਆ॥		Moorakh Parr Parr Dhoojaa Bhaao Dhrirraaeiaa ||	The fool reads and reads, but holds tight to duality.	ਮੂਰਖ ਮਨੁੱਖ ਨੇ (ਗੁਰੂ ਤੋਂ ਖੁੰਝ ਕੇ ਸਿੰਮ੍ਰਿਤੀਆਂ ਸ਼ਾਸਤਰ ਆਦਿਕ) ਪੜ੍ਹ ਪੜ੍ਹ ਕੇ (ਆਪਣੇ ਅੰਦਰ ਸਗੋਂ) ਮਾਇਆ ਦਾ ਪਿਆਰ ਹੀ ਪੱਕਾ ਕੀਤਾ।
19538	424	ਬਹੁ ਕਰਮ ਕਮਾਵੈ ਦੁਖੁ ਸਬਾਇਆ॥	(ਸਬਾਇਆ) ਸਾਰਾ	Bahu Karam Kamaavai Dhukh Sabaaeiaa ||	He performs all sorts of rituals, but still suffers terrible pain.	ਮੂਰਖ ਮਨੁੱਖ (ਗੁਰੂ ਤੋਂ ਖੁੰਝ ਕੇ ਸ਼ਾਸਤ੍ਰਾਂ ਅਨੁਸਾਰ ਮਿਥੇ) ਅਨੇਕਾਂ ਧਾਰਮਿਕ ਕੰਮ ਕਰਦਾ ਹੈ ਤੇ ਨਿਰਾ ਦੁੱਖ ਹੀ ਸਹੇੜਦਾ ਹੈ।

19539	424	ਸਤਿਗੁਰੁ ਸੇਵਿ ਸਦਾ ਸੁਖੁ ਪਾਇਆ॥੬॥		Sathigur Saev Sadhaa Sukh Paaeiaa ||6||	Serving the True Guru, eternal peace is obtained. ||6||	ਗੁਰੂ ਦੀ ਦੱਸੀ ਸੇਵਾ ਕਰ ਕੇ ਹੀ ਮਨੁੱਖ ਸਦਾ ਟਿਕੇ ਰਹਿਣ ਵਾਲਾ ਆਤਮਕ ਆਨੰਦ ਮਾਣਦਾ ਹੈ ॥੬॥
19540	424	ਅੰਮ੍ਰਿਤੁ ਮੀਠਾ ਸਬਦੁ ਵੀਚਾਰਿ॥	ਅੰਮਾ੍ਰ ਤੁ	Anmrith Meethaa Sabadh Veechaar ||	Reflective meditation upon the Shabad is such sweet nectar.	ਗੁਰੂ ਦਾ ਸ਼ਬਦ (ਮਤ) ਮਿੱਠਾ ਅੰਮ੍ਰਿਤ ਹੈ ਜਿਸ ਨੂੰ ਵਿਚਾਰ ਕੇ,
19541	424	ਅਨ ਦਿਨੁ ਭੋਗੇ ਹਉਮੈ ਮਾਰਿ॥		Anadhin Bhogae Houmai Maar ||	Night and day, one enjoys it, subduing his ego.	ਤੇ ਹਉਮੈ ਦੂਰ ਕਰ ਕੇ (ਵਡ-ਭਾਗੀ ਮਨੁੱਖ) ਆਤਮਕ ਜੀਵਨ ਦੇਣ ਵਾਲਾ ਸੁਆਦਲਾ ਨਾਮ-ਰਸ ਹਰ ਵੇਲੇ ਮਾਣ ਸਕਦਾ ਹੈ।
19542	424	ਸਹਜਿ ਅਨੰਦਿ ਕਿਰਪਾ ਧਾਰਿ॥	ਅ-ਨੰਦਿ	Sehaj Anandh Kirapaa Dhhaar ||	When the Lord showers His Mercy, we enjoy celestial bliss.	ਇੰਜ (ਗੁਰੂ) ਦੀ ਕਿਰਪਾ ਨਾਲ ਮਨੁੱਖ ਆਤਮਕ ਅਡੋਲਤਾ ਵਿਚ ਆਤਮਕ ਆਨੰਦ ਲੈਂਦਾ ਹੈ।
19543	424	ਨਾਮਿ ਰਤੇ ਸਦਾ ਸਚਿ ਪਿਆਰਿ॥੭॥		Naam Rathae Sadhaa Sach Piaar ||7||	Imbued with the Naam, love the True Lord forever. ||7||	ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਹੋਏ ਮਨੁੱਖ ਸਦਾ ਪ੍ਰਭੂ-ਪਿਆਰ ਵਿਚ ਮਗਨ ਰਹਿੰਦੇ ਹਨ ਸਦਾ-ਥਿਰ ਹਰਿ-ਨਾਮ ਵਿਚ ਲੀਨ ਰਹਿੰਦੇ ਹਨ ॥੭॥
19544	424	ਹਰਿ ਜਪਿ ਪੜੀਐ ਗੁਰ ਸਬਦੁ ਵੀਚਾਰਿ॥		Har Jap Parreeai Gur Sabadh Veechaar ||	Meditate on the Lord, and read and reflect upon the Guru's Shabad.	ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾ ਕੇ (ਤੇ ਅੰਦਰੋਂ) ਪਰਮਾਤਮਾ ਦੇ ਨਾਮ ਦਾ ਹੀ ਜਾਪ ਕਰਨਾ ਚਾਹੀਦਾ ਹੈ।

19545	424	ਹਰਿ ਜਪਿ ਪੜੀਐ ਹਉਮੈ ਮਾਰਿ॥		Har Jap Parreeai Houmai Maar ||	Subdue your ego and meditate on the Lord.	ਹਉਮੈ ਦੂਰ ਕਰ ਕੇ ਪਰਮਾਤਮਾ ਦਾ ਨਾਮ ਹੀ ਪੜ੍ਹਨਾ ਚਾਹੀਦਾ ਹੈ।
19546	424	ਹਰਿ ਜਪੀਐ ਭਇ ਸਚਿ ਪਿਆਰਿ॥	(ਭਇ) ਭਉ	Har Japeeai Bhae Sach Piaar ||	Meditate on the Lord, and be imbued with fear and love of the True One.	ਪਰਮਾਤਮਾ ਦੇ ਡਰ-ਅਦਬ ਵਿਚ ਰਹਿ ਕੇ ਸਦਾ-ਥਿਰ ਹਰੀ ਦੇ ਪ੍ਰੇਮ ਵਿਚ ਮਸਤ ਹੋ ਕੇ ਹਰੀ-ਨਾਮ ਦਾ ਜਾਪ ਹੀ ਕਰਨਾ ਚਾਹੀਦਾ ਹੈ।
19547	424	ਨਾਨਕ ਨਾਮੁ ਗੁਰਮਤਿ ਉਰ ਧਾਰਿ॥੮॥੩॥੨੫॥		Naanak Naam Guramath Our Dhhaar ||8||3||25||	O Nanak, enshrine the Naam within your heart, through the Guru's Teachings. ||8||3||25||	ਹੇ ਨਾਨਕ! (ਆਖ-ਹੇ ਭਾਈ!) ਗੁਰੂ ਦੀ ਮਤਿ ਲੈ ਕੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਟਿਕਾਈ ਰੱਖ ॥੮॥੩॥੨੫॥
19548	424	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
19549	424	ਰਾਗੁ ਆਸਾ ਮਹਲਾ ੩ ਅਸਟਪਦੀਆ ਘਰੁ ੮ ਕਾਫੀ॥	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ। ਘਰੁ ਅੱਠਵਾਂ	Raag Aasaa Mehalaa 3 Asattapadheeaa Ghar 8 Kaafee ||	Raag Aasaa, Third Mehl, Ashtapadees, Eighth House, Kaafee:	ਰਾਗ ਆਸਾ, ਘਰ ੮ ਵਿੱਚ ਗੁਰੂ ਅਮਰਦਾਸ ਜੀ ਦੀ ਅੱਠ-ਬੰਦਾਂ ਵਾਲੀ ਬਾਣੀ 'ਕਾਫੀ'।

19550	424	ਗੁਰ ਤੇ ਸਾਂਤਿ ਊਪਜੈ ਜਿਨਿ ਤ੍ਰਿਸਨਾ ਅਗਨਿ ਬੁਝਾਈ॥	ਬੁਝਾਈ: ਪੋਲਾ ਬੋਲੋ	Gur Thae Saanth Oopajai Jin Thrisanaa Agan Bujhaaee ||	Peace emanates from the Guru; He puts out the fire of desire.	ਗੁਰੂ ਪਾਸੋਂ ਹੀ ਆਤਮਕ ਠੰਢ ਪ੍ਰਾਪਤ ਹੁੰਦੀ ਹੈ ਤੇ ਉਸ ਦੇ ਹੀ ਕਾਰਨ ਤ੍ਰਿਸ਼ਨਾ ਦੀ ਅੱਗ ਬੁਝਦੀ ਹੈ।
19551	424	ਗੁਰ ਤੇ ਨਾਮੁ ਪਾਈਐ ਵਡੀ ਵਡਿਆਈ॥੧॥		Gur Thae Naam Paaeeai Vaddee Vaddiaaee ||1||	The Naam, the Name of the Lord, is obtained from the Guru; it is the greatest greatness. ||1||	ਗੁਰੂ ਪਾਸੋਂ ਪਰਮਾਤਮਾ ਦਾ ਨਾਮ ਮਿਲਦਾ ਹੈ ਤੇ (ਜਿਸ ਦੀ ਬਰਕਤਿ ਨਾਲ ਲੋਕ ਪਰਲੋਕ ਵਿਚ) ਵੱਡਾ ਆਦਰ ਪ੍ਰਾਪਤ ਹੁੰਦਾ ਹੈ ॥੧॥
19552	424	ਏਕੋ ਨਾਮੁ ਚੇਤਿ ਮੇਰੇ ਭਾਈ॥		Eaeko Naam Chaeth Maerae Bhaaee ||	Keep the One Name in your consciousness, O my Siblings of Destiny.	ਹੇ ਮੇਰੇ ਭਾਈ! (ਜੇ ਤੂੰ ਵਿਕਾਰਾਂ ਦੀ ਅੱਗ ਤੋਂ ਬਚਣਾ ਚਾਹੁੰਦਾ ਹੈਂ ਤਾਂ) ਇਕ ਪਰਮਾਤਮਾ ਦਾ ਨਾਮ ਸਿਮਰਦਾ ਰਹੁ।
19553	424	ਜਗਤੁ ਜਲੰਦਾ ਦੇਖਿ ਕੈ ਭਜਿ ਪਏ ਸਰਣਾਈ॥੧॥ਰਹਾਉ ॥	ਜੱਗ-ਤੁ। ਜ-ਲੰਦਾ। ਭੱਜਿ	Jagath Jalandhaa Dhaekh Kai Bhaj Peae Saranaaee ||1|| Rehaao ||	Seeing the world on fire, I have hurried to the Lord's Sanctuary. ||1||Pause||	ਜਗਤ ਨੂੰ (ਵਿਕਾਰਾਂ ਵਿਚ) ਸੜਦਾ ਵੇਖ ਕੇ ਮੈਂ ਤਾਂ (ਗੁਰੂ ਦੀ) ਸਰਨ ਦੌੜ ਕੇ ਆ ਪਿਆ ਹਾਂ ॥੧॥ ਰਹਾਉ ॥
19554	424	ਗੁਰ ਤੇ ਗਿਆਨੁ ਊਪਜੈ ਮਹਾ ਤਤੁ ਬੀਚਾਰਾ॥		Gur Thae Giaan Oopajai Mehaa Thath Beechaaraa ||	Spiritual wisdom emanates from the Guru; reflect upon the supreme essence of reality.	ਗੁਰੂ ਪਾਸੋਂ ਆਤਮਕ ਜੀਵਨ ਦੀ ਸੂਝ ਪੈਦਾ ਹੁੰਦੀ ਹੈ, ਤੇ ਉਸ ਤੋਂ ਹੀ ਸਭ ਤੋਂ ਵੱਡੀ ਅਸਲੀਅਤ ਦਾ ਸ੍ਰੇਸ਼ਟ ਵਿਚਾਰ ਮਿਲਦਾ ਹੈ।

19555	424	ਗੁਰ ਤੇ ਘਰੁ ਦਰੁ ਪਾਇਆ ਭਗਤੀ ਭਰੇ ਭੰਡਾਰਾ॥੨॥		Gur Thae Ghar Dhar Paaeiaa Bhagathee Bharae Bhanddaaraa ||2||	Through the Guru, the Lord's Mansion and His Court are attained; His devotional worship is overflowing with treasures. ||2||	ਗੁਰੂ ਪਾਸੋਂ ਹੀ ਪਰਮਾਤਮਾ ਦਾ ਟਿਕਾਣਾ ਲੱਭਦਾ ਹੈ ਤੇ ਪਰਮਾਤਮਾ ਦੀ ਭਗਤੀ ਦੇ ਖ਼ਜ਼ਾਨੇ ਭਰ ਜਾਂਦੇ ਹਨ ॥੨॥
19556	424	ਗੁਰਮੁਖਿ ਨਾਮੁ ਧਿਆਈਐ ਬੂਝੈ ਵੀਚਾਰਾ॥		Guramukh Naam Dhhiaaeeai Boojhai Veechaaraa ||	The Gurmukh meditates on the Naam; he achieves reflective meditation and understanding.	ਗੁਰੂ ਦੀ ਸਰਨ ਪਿਆਂ ਹੀ ਪ੍ਰਭੂ ਦਾ ਨਾਮ ਸਿਮਰਿਆ ਜਾ ਸਕਦਾ ਹੈ ਤੇ ਇਸ ਵਿਚਾਰ ਨੂੰ ਸਮਝਿਆ ਜਾ ਸਕਦਾ ਹੈ।
19557	424	ਗੁਰਮੁਖਿ ਭਗਤਿ ਸਲਾਹ ਹੈ ਅੰਤਰਿ ਸਬਦੁ ਅਪਾਰਾ॥੩॥		Guramukh Bhagath Salaah Hai Anthar Sabadh Apaaraa ||3||	The Gurmukh is the Lord's devotee, immersed in His Praises; the Infinite Word of the Shabad dwells within him. ||3||	ਗੁਰੂ ਦੀ ਸਰਨ ਆਇਆਂ ਪਰਮਾਤਮਾ ਦੀ ਭਗਤੀ ਸਿਫ਼ਤ-ਸਾਲਾਹ ਪ੍ਰਾਪਤ ਹੁੰਦੀ ਹੈ, ਹਿਰਦੇ ਵਿਚ ਬੇਅੰਤ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਸ਼ਬਦ ਆ ਵੱਸਦਾ ਹੈ ॥੩॥
19558	424	ਗੁਰਮੁਖਿ ਸੂਖੁ ਊਪਜੈ ਦੁਖੁ ਕਦੇ ਨ ਹੋਈ॥		Guramukh Sookh Oopajai Dhukh Kadhae N Hoee ||	Happiness emanates from the Gurmukh; he never suffers pain.	ਗੁਰੂ ਦੀ ਸਰਨ ਪਿਆਂ ਅੰਦਰ ਆਤਮਕ ਆਨੰਦ ਪੈਦਾ ਹੋ ਜਾਂਦਾ ਹੈ, ਤੇ ਕੋਈ ਦੁੱਖ ਪੋਹ ਨਹੀਂ ਸਕਦਾ।
19559	424	ਗੁਰਮੁਖਿ ਹਉਮੈ ਮਾਰੀਐ ਮਨੁ ਨਿਰਮਲੁ ਹੋਈ॥੪॥		Guramukh Houmai Maareeai Man Niramal Hoee ||4||	The Gurmukh conquers his ego, and his mind is immaculately pure. ||4||	ਗੁਰੂ ਦੀ ਸਰਨ ਪਿਆਂ (ਅੰਦਰੋਂ) ਹਉਮੈ ਦੂਰ ਕਰ ਸਕੀਦੀ ਹੈ, ਮਨ ਪਵਿੱਤ੍ਰ ਹੋ ਜਾਂਦਾ ਹੈ ॥੪॥

19560	424	ਸਤਿਗੁਰਿ ਮਿਲਿਐ ਆਪੁ ਗਇਆ ਤ੍ਰਿਭਵਣ ਸੋਝੀ ਪਾਈ॥	(ਤ੍ਰਿਭਵਣੁ) ਅਕਾਸ ਪਤਾਲ ਧਰਤੀ। ਗ-ਇਆ	Sathigur Miliai Aap Gaeiaa Thribhavan Sojhee Paaee ||	Meeting the True Guru, self-conceit is removed, and understanding of the three worlds is obtained.	ਜੇ ਗੁਰੂ ਮਿਲ ਪਏ ਤਾਂ ਹਉਮੈ ਅਹੰਕਾਰ ਨਾਸ ਹੋ ਜਾਂਦਾ ਹੈ, ਇਹ ਸਮਝ ਆ ਜਾਂਦੀ ਹੈ ਕਿ ਪਰਮਾਤਮਾ ਤਿੰਨਾਂ ਹੀ ਭਵਨਾਂ ਵਿਚ ਵਿਆਪਕ ਹੈ,
19561	424	ਨਿਰਮਲ ਜੋਤਿ ਪਸਰਿ ਰਹੀ ਜੋਤੀ ਜੋਤਿ ਮਿਲਾਈ॥੫॥	ਪਸ-ਰਿ: ਪੋਲਾ ਬੋਲੋ	Niramal Joth Pasar Rehee Jothee Joth Milaaee ||5||	The Immaculate Divine Light is pervading and permeating everywhere; one's light merges into the Light. ||5||	ਹਰ ਥਾਂ ਪਰਮਾਤਮਾ ਦੀ ਹੀ ਪਵਿੱਤ੍ਰ ਜੋਤਿ ਪ੍ਰਕਾਸ਼ ਕਰ ਰਹੀ ਹੈ, (ਇਸ ਤਰ੍ਹਾਂ) ਪਰਮਾਤਮਾ ਦੀ ਜੋਤਿ ਵਿਚ ਸੁਰਤਿ ਜੁੜ ਜਾਂਦੀ ਹੈ ॥੫॥
19562	424	ਪੂਰੈ ਗੁਰਿ ਸਮਝਾਇਆ ਮਤਿ ਊਤਮ ਹੋਈ॥		Poorai Gur Samajhaaeiaa Math Ootham Hoee ||	The Perfect Guru instructs, and one's intellect becomes sublime.	ਪੂਰੇ ਗੁਰੂ ਦੇ (ਆਤਮਕ ਜੀਵਨ ਦੀ ਸੂਝ) ਸਮਝਾਉਣ ਨਾਲ ਅਕਲ ਸ੍ਰੇਸ਼ਟ ਹੋ ਜਾਂਦੀ ਹੈ,
19563	424	ਅੰਤਰੁ ਸੀਤਲੁ ਸਾਂਤਿ ਹੋਇ ਨਾਮੇ ਸੁਖੁ ਹੋਈ ॥੬॥		Anthar Seethal Saanth Hoe Naamae Sukh Hoee ||6||	A cooling and soothing peace comes within, and through the Naam, peace is obtained. ||6||	ਹਿਰਦਾ (ਵਿਕਾਰਾਂ ਦੀ ਸੜਨ ਤੋਂ ਬਚ ਕੇ) ਠੰਢਾ-ਠਾਰ ਹੋਇਆ ਰਹਿੰਦਾ ਹੈ ਤੇ ਹਰਿ-ਨਾਮ ਦੀ ਰਾਹੀਂ ਆਨੰਦ ਪ੍ਰਾਪਤ ਹੁੰਦਾ ਹੈ ॥੬॥

19564	424	ਪੂਰਾ ਸਤਿਗੁਰੁ ਤਾਂ ਮਿਲੈ ਜਾਂ ਨਦਰਿ ਕਰੇਈ॥		Pooraa Sathigur Thaan Milai Jaan Nadhar Karaeee ||	One meets the Perfect True Guru only when the Lord bestows His Glance of Grace.	(ਪਰ) ਪੂਰਾ ਗੁਰੂ ਭੀ ਤਦੋਂ ਹੀ ਮਿਲਦਾ ਹੈ, ਜਦੋਂ ਪਰਮਾਤਮਾ ਆਪ ਮੇਹਰ ਦੀ ਨਿਗਾਹ ਕਰਦਾ ਹੈ,
19565	424	ਕਿਲਵਿਖ ਪਾਪ ਸਭ ਕਟੀਅਹਿ ਫਿਰਿ ਦੁਖੁ ਬਿਘਨੁ ਨ ਹੋਈ॥੭॥	ਕਟੀ-ਅਹਿ	Kilavikh Paap Sabh Katteeahi Fir Dhukh Bighan N Hoee ||7||	All sins and vices are eradicated, and one shall never again suffer pain or distress. ||7||	ਇਸ ਤਰ੍ਹਾਂ ਸਾਰੇ ਪਾਪ ਵਿਕਾਰ ਕੱਟੇ ਜਾਂਦੇ ਹਨ, ਮੁੜ ਕੋਈ ਦੁੱਖ ਪੋਹ ਨਹੀਂ ਸਕਦਾ, ਤੇ ਜੀਵਨ-ਸਫ਼ਰ ਵਿਚ ਕੋਈ ਰੁਕਾਵਟ ਨਹੀਂ ਪੈਂਦੀ ॥੭॥
19566	425	ਆਪਣੈ ਹਥਿ ਵਡਿਆਈਆ ਦੇ ਨਾਮੇ ਲਾਏ॥		Aapanai Hathh Vaddiaaeeaa Dhae Naamae Laaeae ||	Glory is in His Hands; He bestows His Name, and attaches us to it.	ਸਾਰੀਆਂ ਵਡਿਆਈਆਂ ਪਰਮਾਤਮਾ ਦੇ ਆਪਣੇ ਹੱਥ ਵਿਚ ਹਨ, ਉਹ ਆਪ ਹੀ (ਇੱਜ਼ਤ) ਬਖ਼ਸ਼ ਕੇ (ਜੀਵ ਨੂੰ) ਆਪਣੇ ਨਾਮ ਵਿਚ ਜੋੜਦਾ ਹੈ।
19567	425	ਨਾਨਕ ਨਾਮੁ ਨਿਧਾਨੁ ਮਨਿ ਵਸਿਆ ਵਡਿਆਈ ਪਾਏ॥੮॥੪॥੨੬॥		Naanak Naam Nidhhaan Man Vasiaa Vaddiaaee Paaeae ||8||4||26||	O Nanak, the treasure of the Naam abides within the mind, and glory is obtained. ||8||4||26||	ਹੇ ਨਾਨਕ! ਜਿਸ ਮਨੁੱਖ ਦੇ ਮਨ ਵਿਚ ਉਸ ਦਾ ਨਾਮ-ਖ਼ਜ਼ਾਨਾ ਆ ਵੱਸਦਾ ਹੈ ਉਹ ਮਨੁੱਖ (ਲੋਕ ਪਰਲੋਕ ਵਿਚ) ਆਦਰ-ਮਾਣ ਪਾਂਦਾ ਹੈ ॥੮॥੪॥੨੬॥
19568	425	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	

19569	425	ਸੁਣਿ ਮਨ ਮੰਨਿ ਵਸਾਇ ਤੂੰ ਆਪੇ ਆਇ ਮਿਲੈ ਮੇਰੇ ਭਾਈ॥		Sun Man Mann Vasaae Thoon Aapae Aae Milai Maerae Bhaaee ||	Listen, O mortal: enshrine His Name within your mind; He shall come to meet with you, O my Sibling of Destiny.	ਹੇ ਮੇਰੇ ਮਨ! (ਮੇਰੀ ਗੱਲ) ਸੁਣ; ਤੂੰ ਆਪਣੇ ਅੰਦਰ (ਪਰਮਾਤਮਾ ਦਾ ਨਾਮ) ਟਿਕਾਈ ਰੱਖ। ਹੇ ਮੇਰੇ ਵੀਰ! (ਇਸ ਤਰ੍ਹਾਂ ਉਹ ਪਰਮਾਤਮਾ) ਆਪ ਹੀ ਆ ਮਿਲਦਾ ਹੈ।
19570	425	ਅਨ ਦਿਨੁ ਸਚੀ ਭਗਤਿ ਕਰਿ ਸਚੈ ਚਿਤੁ ਲਾਈ॥੧॥		Anadhin Sachee Bhagath Kar Sachai Chith Laaee ||1||	Night and day, center your consciousness on true devotional worship of the True Lord. ||1||	ਹਰ ਵੇਲੇ ਪਰਮਾਤਮਾ ਦੀ ਭਗਤੀ ਕਰਦਾ ਰਹੁ, ਇਹੀ ਸਦਾ-ਥਿਰ ਰਹਿਣ ਵਾਲੀ ਚੀਜ਼ ਹੈ, ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਆਪਣਾ ਚਿੱਤ ਜੋੜੀ ਰੱਖ! ॥੧॥
19571	425	ਏਕੋ ਨਾਮੁ ਧਿਆਇ ਤੂੰ ਸੁਖੁ ਪਾਵਹਿ ਮੇਰੇ ਭਾਈ॥		Eaeko Naam Dhhiaae Thoon Sukh Paavehi Maerae Bhaaee ||	Meditate on the One Naam, and you shall find peace, O my Siblings of Destiny.	ਹੇ ਮੇਰੇ ਵੀਰ! ਇਕ ਪਰਮਾਤਮਾ ਦਾ ਨਾਮ ਸਿਮਰਿਆ ਕਰ ਤੂੰ ਸੁਖ ਹਾਸਲ ਕਰੇਂਗਾ,
19572	425	ਹਉਮੈ ਦੂਜਾ ਦੂਰਿ ਕਰਿ ਵਡੀ ਵਡਿਆਈ॥੧॥ਰਹਾਉ॥		Houmai Dhoojaa Dhoor Kar Vaddee Vaddiaaee ||1|| Rehaao ||	Eradicate egotism and duality, and your glory shall be glorious. ||1||Pause||	ਆਪਣੇ ਅੰਦਰੋਂ ਅਹੰਕਾਰ ਅਤੇ ਮਾਇਆ ਦਾ ਪਿਆਰ ਦੂਰ ਕਰਨ ਨਾਲ (ਲੋਕ ਪਰਲੋਕ ਵਿਚ) ਤੈਨੂੰ ਬਹੁਤ ਆਦਰ ਮਿਲੇਗਾ ॥੧॥ ਰਹਾਉ ॥

19573	425	ਇਸੁ ਭਗਤੀ ਨੋ ਸੁਰਿ ਨਰ ਮੁਨਿ ਜਨ ਲੋਚਦੇ ਵਿਣੁ ਸਤਿਗੁਰ ਪਾਈ ਨ ਜਾਇ॥		Eis Bhagathee No Sur Nar Mun Jan Lochadhae Vin Sathigur Paaee N Jaae ||	The angels, humans and silent sages long for this devotional worship, but without the True Guru, it cannot be attained.	ਦੇਵਤੇ ਤੇ ਰਿਸ਼ੀ-ਮੁਨੀ ਭੀ ਇਹ ਹਰਿ-ਭਗਤੀ ਕਰਨ ਦੀ ਤਾਂਘ ਕਰਦੇ ਹਨ, ਪਰ ਗੁਰੂ ਦੀ ਸਰਨ ਪੈਣ ਤੋਂ ਬਿਨਾ ਇਹ ਦਾਤ ਮਿਲਦੀ ਨਹੀਂ।
19574	425	ਪੰਡਿਤ ਪੜਦੇ ਜੋਤਿਕੀ ਤਿਨ ਬੂਝ ਨ ਪਾਇ॥੨॥		Panddith Parradhae Jothikee Thin Boojh N Paae ||2||	The Pandits, the religious scholars, and the astrologers read their books, but they do not understand. ||2||	ਪੰਡਿਤ ਲੋਕ (ਵੇਦ ਸ਼ਾਸਤ੍ਰ ਆਦਿਕ) ਪੜ੍ਹਦੇ ਰਹੇ, ਜੋਤਿਸ਼ੀ (ਜੋਤਿਸ਼ ਦੇ ਗ੍ਰੰਥ) ਪੜ੍ਹਦੇ ਰਹੇ, ਪਰ ਹਰਿ-ਭਗਤੀ ਦੀ ਸੂਝ ਉਹਨਾਂ ਨੂੰ ਭੀ ਨਾਹ ਪਈ ॥੨॥
19575	425	ਆਪੈ ਥੈ ਸਭੁ ਰਖਿਓਨੁ ਕਿਛੁ ਕਹਣੁ ਨ ਜਾਈ॥	(ਥੈ) ਟਿਕਾਣੇ ਸਿਰ	Aapai Thhai Sabh Rakhioun Kishh Kehan N Jaaee ||	He Himself keeps all in His Hand; nothing else can be said.	ਪਰ, ਪਰਮਾਤਮਾ ਨੇ ਇਹ ਸਭ ਕੁਝ ਆਪਣੇ ਹੱਥ ਵਿਚ ਰੱਖਿਆ ਹੋਇਆ ਹੈ, ਕੁਝ ਕਿਹਾ ਨਹੀਂ ਜਾ ਸਕਦਾ (ਕਿ ਉਹ ਭਗਤੀ ਦੀ ਦਾਤ ਕਿਸ ਨੂੰ ਦੇਂਦਾ ਹੈ ਤੇ ਕਿਸ ਨੂੰ ਨਹੀਂ ਦੇਂਦਾ),
19576	425	ਆਪੇ ਦੇਇ ਸੁ ਪਾਈਐ ਗੁਰਿ ਬੂਝ ਬੁਝਾਈ॥੩॥		Aapae Dhaee S Paaeeai Gur Boojh Bujhaaee ||3||	Whatever He gives, is received. The Guru has imparted this understanding to me. ||3||	ਗੁਰੂ ਨੇ ਇਹ ਗੱਲ ਸਮਝਾਈ ਹੈ ਕਿ ਜੋ ਕੁਝ ਉਹ ਪ੍ਰਭੂ ਆਪ ਹੀ ਦੇਂਦਾ ਹੈ ਉਹੀ ਸਾਨੂੰ ਮਿਲ ਸਕਦਾ ਹੈ ॥੩॥

19577	425	ਜੀਅ ਜੰਤ ਸਭਿ ਤਿਸ ਦੇ ਸਭਨਾ ਕਾ ਸੋਈ॥		Jeea Janth Sabh This Dhae Sabhanaa Kaa Soee ||	All beings and creatures are His; He belongs to all.	ਜਗਤ ਦੇ ਸਾਰੇ ਜੀਵ ਜੰਤ ਉਸ ਪ੍ਰਭੂ ਦੇ ਹੀ ਬਣਾਏ ਹੋਏ ਹਨ, ਉਹ ਆਪ ਹੀ ਸਭਨਾਂ ਦਾ ਖ਼ਸਮ ਹੈ,
19578	425	ਮੰਦਾ ਕਿਸ ਨੋ ਆਖੀਐ ਜੇ ਦੂਜਾ ਹੋਈ॥੪॥		Mandhaa Kis No Aakheeai Jae Dhoojaa Hoee ||4||	So who can we call bad, since there is no other? ||4||	ਕਿਸੇ ਜੀਵ ਨੂੰ ਭੈੜਾ ਨਹੀਂ ਕਿਹਾ ਜਾ ਸਕਦਾ (ਭੈੜਾ ਤਦੋਂ ਹੀ ਕਿਹਾ ਜਾਏ, ਜੇ ਪਰਮਾਤਮਾ ਤੋਂ ਬਿਨਾ ਉਹਨਾਂ ਵਿਚ) ਕੋਈ ਹੋਰ ਵੱਸਦਾ ਹੋਵੇ ॥੪॥
19579	425	ਇਕੋ ਹੁਕਮੁ ਵਰਤਦਾ ਏਕਾ ਸਿਰਿਕਾਰਾ॥	(ਸਿਰਿਕਾਰਾ) ਪਾਤਿਸਾਹੀ	Eiko Hukam Varathadhaa Eaekaa Sir Kaaraa ||	The Command of the One Lord is pervading throughout; duty to the One Lord is upon the heads of all.	ਜਗਤ ਵਿਚ ਇਕ ਪਰਮਾਤਮਾ ਦਾ ਹੀ ਹੁਕਮ ਚੱਲ ਰਿਹਾ ਹੈ, ਹਰੇਕ ਨੇ ਉਹੀ ਕਾਰ ਕਰਨੀ ਹੈ ਜੋ ਪਰਮਾਤਮਾ ਵਲੋਂ ਉਸ ਦੇ ਸਿਰ ਤੇ (ਲਿਖੀ ਗਈ) ਹੈ।
19580	425	ਆਪਿ ਭਵਾਲੀ ਦਿਤੀਅਨੁ ਅੰਤਰਿ ਲੋਭੁ ਵਿਕਾਰਾ॥੫॥	ਜੀਵਾਂ ਨੇ ਆਪਿ ਹੀ (ਭਵਾਲੀ) ਭੁਆਣੀ ਚੌਰਾਸੀ ਦੀ ਦਿੱਤੀ ਹੈ	Aap Bhavaalee Dhitheean Anthar Lobh Vikaaraa ||5||	He Himself has led them astray, and placed greed and corruption within their hearts. ||5||	ਜਿਨ੍ਹਾਂ ਜੀਵਾਂ ਨੂੰ ਪਰਮਾਤਮਾ ਨੇ ਆਪ (ਮਾਇਆ ਦੇ ਮੋਹ ਦੀ) ਭਵਾਣੀ ਦਿੱਤੀ, ਉਹਨਾਂ ਦੇ ਅੰਦਰ ਲੋਭ ਆਦਿਕ ਵਿਕਾਰ ਜ਼ੋਰ ਫੜ ਗਏ ॥੫॥
19581	425	ਇਕ ਆਪੇ ਗੁਰਮੁਖਿ ਕੀਤਿਅਨੁ ਬੂਝਨਿ ਵੀਚਾਰਾ॥		Eik Aapae Guramukh Keethian Boojhan Veechaaraa ||	He has sanctified those few Gurmukhs who understand Him, and reflect upon Him.	ਕਈ ਮਨੁੱਖਾਂ ਨੂੰ ਪ੍ਰਭੂ ਨੇ ਆਪ ਹੀ ਗੁਰੂ ਦੇ ਸਨਮੁਖ ਰਹਿਣ ਵਾਲੇ ਬਣਾ ਦਿੱਤਾ ਉਹ (ਸਹੀ ਆਤਮਕ ਜੀਵਨ ਦੀ) ਵਿਚਾਰ ਸਮਝਣ ਲੱਗ ਪਏ।

19582	425	ਭਗਤਿ ਭੀ ਓਨਾ ਨੋ ਬਖਸੀਅਨੁ ਅੰਤਰਿ ਭੰਡਾਰਾ॥੬॥		Bhagath Bhee Ounaa No Bakhaseean Anthar Bhanddaaraa ||6||	He grants devotional worship to them, and within them is the treasure. ||6||	ਉਹਨਾਂ ਨੂੰ ਪਰਮਾਤਮਾ ਨੇ ਆਪਣੀ ਭਗਤੀ ਦੀ ਦਾਤ ਭੀ ਦੇ ਦਿੱਤੀ, ਉਹਨਾਂ ਦੇ ਅੰਦਰ ਨਾਮ-ਧਨ ਦੇ ਖ਼ਜ਼ਾਨੇ ਭਰ ਗਏ ॥੬॥
19583	425	ਗਿਆਨੀਆ ਨੋ ਸਭੁ ਸਚੁ ਹੈ ਸਚੁ ਸੋਝੀ ਹੋਈ॥		Giaaneeaa No Sabh Sach Hai Sach Sojhee Hoee ||	The spiritual teachers know nothing but the Truth; they obtain true understanding.	ਸਹੀ ਆਤਮਕ ਜੀਵਨ ਦੀ ਸੂਝ ਵਾਲੇ ਬੰਦਿਆਂ ਨੂੰ ਹਰ ਥਾਂ ਸਦਾ-ਥਿਰ ਪ੍ਰਭੂ ਹੀ ਦਿੱਸਦਾ ਹੈ (ਪ੍ਰਭੂ ਦੀ ਮੇਹਰ ਨਾਲ ਉਹਨਾਂ ਨੂੰ) ਇਹੀ ਸਮਝ ਆ ਜਾਂਦੀ ਹੈ।
19584	425	ਓਇ ਭੁਲਾਏ ਕਿਸੈ ਦੇ ਨ ਭੁਲਨੀ ਸਚੁ ਜਾਣਨਿ ਸੋਈ॥੭॥		Oue Bhulaaeae Kisai Dhae N Bhulanhee Sach Jaanan Soee ||7||	They are led astray by Him, but they do not go astray, because they know the True Lord. ||7||	ਜੇ ਕੋਈ ਮਨੁੱਖ ਉਹਨਾਂ ਨੂੰ (ਇਸ ਨਿਸ਼ਚੇ ਵਲੋਂ) ਟਪਲਾ ਲਾਣਾ ਚਾਹੇ ਤਾਂ ਉਹ ਗ਼ਲਤੀ ਨਹੀਂ ਖਾਂਦੇ, ਉਹ (ਹਰ ਥਾਂ) ਸਦਾ-ਥਿਰ ਪ੍ਰਭੂ ਨੂੰ ਹੀ ਵੱਸਦਾ ਸਮਝਦੇ ਹਨ ॥੭॥
19585	425	ਘਰ ਮਹਿ ਪੰਚ ਵਰਤਦੇ ਪੰਚੇ ਵੀਚਾਰੀ॥		Ghar Mehi Panch Varathadhae Panchae Veechaaree ||	Within the homes of their bodies, the five passions are pervading, but here, the five are well-behaved.	(ਕਾਮਾਦਿਕ) ਪੰਜੇ ਉਹਨਾਂ ਗਿਆਨੀਆਂ ਦੇ ਹਿਰਦੇ ਵਿਚ ਭੀ ਵੱਸਦੇ ਹਨ, ਪਰ ਉਹ ਪੰਜੇ ਗਿਆਨਵਾਨ ਹੋ ਜਾਂਦੇ ਹਨ (ਆਪਣੀ ਯੋਗ ਹੱਦ ਤੋਂ ਬਾਹਰ ਨਹੀਂ ਜਾਂਦੇ)।

19586	425	ਨਾਨਕ ਬਿਨੁ ਸਤਿਗੁਰ ਵਸਿ ਨ ਆਵਨ੍ਹੀ ਨਾਮਿ ਹਉਮੈ ਮਾਰੀ॥੮॥੫॥੨੭॥	ਵੱਸਿ	Naanak Bin Sathigur Vas N Aavanhee Naam Houmai Maaree ||8||5||27||	O Nanak, without the True Guru, they are not overcome; through the Naam, the ego is conquered. ||8||5||27||	ਹੇ ਨਾਨਕ! (ਇਹ ਪੰਜੇ ਕਾਮਾਦਿਕ) ਗੁਰੂ ਦੀ ਸਰਨ ਪੈਣ ਤੋਂ ਬਿਨਾ ਕਾਬੂ ਵਿਚ ਨਹੀਂ ਆਉਂਦੇ ਤੇ ਪਰਮਾਤਮਾ ਦੇ ਨਾਮ ਵਿਚ ਜੁੜਿਆਂ ਹੀ ਹਉਮੈ ਦੂਰ ਕੀਤੀ ਜਾ ਸਕਦੀ ਹੈ ॥੮॥੫॥੨੭॥
19587	425	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
19588	425	ਘਰੈ ਅੰਦਰਿ ਸਭੁ ਵਥੁ ਹੈ ਬਾਹਰਿ ਕਿਛੁ ਨਾਹੀ॥	ਵੱਥੁ ਕਿੱਛੁ	Gharai Andhar Sabh Vathh Hai Baahar Kishh Naahee ||	Everything is within the home of your own self; there is nothing beyond it.	(ਪਰਮਾਤਮਾ ਦਾ ਨਾਮ-) ਖ਼ਜ਼ਾਨਾ ਸਾਰਾ (ਮਨੁੱਖ ਦੇ) ਹਿਰਦੇ ਦੇ ਅੰਦਰ ਹੀ ਹੈ, ਬਾਹਰ ਜੰਗਲ ਆਦਿਕ ਵਿਚ (ਢੂੰਢਿਆਂ) ਕੁਝ ਨਹੀਂ ਮਿਲਦਾ।
19589	425	ਗੁਰ ਪਰਸਾਦੀ ਪਾਈਐ ਅੰਤਰਿ ਕਪਟ ਖੁਲਾਹੀ॥੧॥		Gur Parasaadhee Paaeeai Anthar Kapatt Khulaahee ||1||	By Guru's Grace, it is obtained, and the doors of the inner heart are opened wide. ||1||	ਪਰ ਇਹ (ਨਾਮ-ਖ਼ਜ਼ਾਨਾ) ਮਿਲਦਾ ਹੈ ਗੁਰੂ ਦੀ ਕਿਰਪਾ ਨਾਲ। (ਜਿਸ ਨੂੰ ਗੁਰੂ ਮਿਲ ਪਏ ਉਸ ਦੇ) ਅੰਦਰਲੇ ਕਿਵਾੜ (ਜੋ ਪਹਿਲਾਂ ਮਾਇਆ ਦੇ ਮੋਹ ਦੇ ਕਾਰਨ ਬੰਦ ਸਨ) ਖੁਲ੍ਹ ਜਾਂਦੇ ਹਨ ॥੧॥
19590	425	ਸਤਿਗੁਰ ਤੇ ਹਰਿ ਪਾਈਐ ਭਾਈ॥		Sathigur Thae Har Paaeeai Bhaaee ||	From the True Guru, the Lord's Name is obtained, O Siblings of Destiny.	ਗੁਰੂ ਪਾਸੋਂ ਹੀ ਪਰਮਾਤਮਾ ਲੱਭਦਾ ਹੈ,

19591	425	ਅੰਤਰਿ ਨਾਮੁ ਨਿਧਾਨੁ ਹੈ ਪੂਰੈ ਸਤਿਗੁਰਿ ਦੀਆ ਦਿਖਾਈ॥੧॥ਰਹਾਉ ॥		Anthar Naam Nidhhaan Hai Poorai Sathigur Dheeaa Dhikhaaee ||1|| Rehaao ||	The treasure of the Naam is within; the Perfect True Guru has shown this to me. ||1||Pause||	(ਉਂਝ ਤਾਂ) ਹਰੇਕ ਮਨੁੱਖ ਦੇ ਅੰਦਰ (ਪਰਮਾਤਮਾ ਦਾ) ਨਾਮ-ਖ਼ਜ਼ਾਨਾ ਮੌਜੂਦ ਹੈ, ਪਰ ਗੁਰੂ ਹੀ (ਇਹ ਖ਼ਜ਼ਾਨਾ) ਵਿਖਾਉਂਦਾ ਹੈ ॥੧॥ ਰਹਾਉ ॥
19592	425	ਹਰਿ ਕਾ ਗਾਹਕੁ ਹੋਵੈ ਸੋ ਲਏ ਪਾਏ ਰਤਨੁ ਵੀਚਾਰਾ॥		Har Kaa Gaahak Hovai So Leae Paaeae Rathan Veechaaraa ||	One who is a buyer of the Lord's Name, finds it, and obtains the jewel of contemplation.	ਜੇਹੜਾ ਮਨੁੱਖ ਪਰਮਾਤਮਾ ਦੇ ਨਾਮ-ਧਨ ਦਾ ਗਾਹਕ ਬਣਦਾ ਹੈ ਉਹ (ਗੁਰੂ ਦੀ ਰਾਹੀਂ) ਆਤਮਕ ਜੀਵਨ ਦਾ ਕੀਮਤੀ ਵਿਚਾਰ ਪ੍ਰਾਪਤ ਕਰ ਲੈਂਦਾ ਹੈ,
19593	425	ਅੰਦਰੁ ਖੋਲੈ ਦਿਬ ਦਿਸਟਿ ਦੇਖੈ ਮੁਕਤਿ ਭੰਡਾਰਾ॥੨॥	ਅਲੌਕਿਕ (ਦਿੱਬ) ਬ੍ਰਹਮ ਦ੍ਰਿਸ਼ਟੀ	Andhar Kholai Dhib Dhisatt Dhaekhai Mukath Bhanddaaraa ||2||	He opens the doors deep within, and through the Eyes of Divine Vision, beholds the treasure of liberation. ||2||	ਉਸ ਦਾ ਹਿਰਦਾ ਖੁਲ੍ਹ ਜਾਂਦਾ ਹੈ ਤੇ ਉਹ ਆਤਮ ਦ੍ਰਿਸ਼ਟੀ ਨਾਲ ਵੇਖਦਾ ਹੈ ਕਿ ਮਾਇਆ ਦੇ ਮੋਹ ਤੋਂ ਖ਼ਲਾਸੀ ਦਿਵਾਣ ਵਾਲੇ ਨਾਮ-ਧਨ ਦੇ ਖ਼ਜ਼ਾਨੇ ਭਰੇ ਪਏ ਹਨ ॥੨॥
19594	425	ਅੰਦਰਿ ਮਹਲ ਅਨੇਕ ਹਹਿ ਜੀਉ ਕਰੇ ਵਸੇਰਾ॥	(ਵਸੇਰਾ) ਵਾਸਾ। ਮਹ-ਲ	Andhar Mehal Anaek Hehi Jeeo Karae Vasaeraa ||	There are so many mansions within the body; the soul dwells within them.	ਮਨੁੱਖ ਦੇ ਹਿਰਦੇ ਵਿਚ ਨਾਮ-ਧਨ ਦੇ ਅਨੇਕਾਂ ਖ਼ਜ਼ਾਨੇ ਮੌਜੂਦ ਹਨ, ਜੀਵਾਤਮਾ ਭੀ ਅੰਦਰ ਹੀ ਵੱਸਦਾ ਹੈ,
19595	425	ਮਨ ਚਿੰਦਿਆ ਫਲੁ ਪਾਇਸੀ ਫਿਰਿ ਹੋਇ ਨ ਫੇਰਾ॥੩॥	(ਚਿੰਦਿਆ) ਇੱਛਤ	Man Chindhiaa Fal Paaeisee Fir Hoe N Faeraa ||3||	He obtains the fruits of his mind's desires, and he shall not have to go through reincarnation again. ||3||	(ਗੁਰੂ ਦੀ ਮੇਹਰ ਨਾਲ ਹੀ) ਮਨੁੱਖ ਮਨ-ਇੱਛਤ ਫਲ ਹਾਸਲ ਕਰਦਾ ਹੈ, ਤੇ ਮੁੜ ਇਸ ਨੂੰ ਜਨਮ-ਮਰਨ ਦਾ ਗੇੜ ਨਹੀਂ ਰਹਿੰਦਾ ॥੩॥

19596	425	ਪਾਰਖੀਆ ਵਥੁ ਸਮਾਲਿ ਲਈ ਗੁਰ ਸੋਝੀ ਹੋਈ॥	(ਪਾਰਖੀਆ) ਗੁਰਮੁਖਿ ਪਾਰਖੂਆਂ। ਵੱਥੁ	Paarakheeaa Vathh Samaal Lee Gur Sojhee Hoee ||	The appraisers cherish the commodity of the Name; they obtain understanding from the Guru.	ਜਿਨ੍ਹਾਂ ਨੂੰ ਗੁਰੂ ਦੀ ਦਿੱਤੀ ਹੋਈ ਸੂਝ ਮਿਲ ਗਈ ਉਹਨਾਂ ਆਤਮਕ ਜੀਵਨ ਦੀ ਪਰਖ ਕਰਨ ਵਾਲਿਆਂ ਨੇ ਨਾਮ-ਖ਼ਜ਼ਾਨਾ ਆਪਣੇ ਹਿਰਦੇ ਵਿਚ ਸਾਂਭ ਲਿਆ।
19597	425	ਨਾਮੁ ਪਦਾਰਥੁ ਅਮੁਲੁ ਸਾ ਗੁਰਮੁਖਿ ਪਾਵੈ ਕੋਈ॥੪॥	(ਸਾ) ਸੋ। ਅ-ਮੁੱਲੁ	Naam Padhaarathh Amul Saa Guramukh Paavai Koee ||4||	The wealth of the Naam is priceless; how few are the Gurmukhs who obtain it. ||4||	ਪ੍ਰਭੂ ਦਾ ਨਾਮ-ਖ਼ਜ਼ਾਨਾ ਬੇ-ਮੁਲਾ ਹੈ ਜੇ ਗੁਰੂ ਦੀ ਸਰਨ ਪੈ ਕੇ ਹੀ ਮਨੁੱਖ ਲੱਭ ਸਕਦਾ ਹੈ ॥੪॥
19598	425	ਬਾਹਰੁ ਭਾਲੇ ਸੁ ਕਿਆ ਲਹੈ ਵਥੁ ਘਰੈ ਅੰਦਰਿ ਭਾਈ॥		Baahar Bhaalae S Kiaa Lehai Vathh Gharai Andhar Bhaaee ||	Searching outwardly, what can anyone find? The commodity is deep within the home of the self, O Siblings of Destiny.	ਨਾਮ-ਖ਼ਜ਼ਾਨਾ ਹਿਰਦੇ ਦੇ ਅੰਦਰ ਹੀ ਹੈ, ਜੇਹੜਾ ਮਨੁੱਖ ਜੰਗਲ ਆਦਿਕ ਢੂੰਢਦਾ ਫਿਰਦਾ ਹੈ ਉਸ ਨੂੰ ਕੁਝ ਨਹੀਂ ਲੱਭਦਾ।
19599	425	ਭਰਮੇ ਭੂਲਾ ਸਭੁ ਜਗੁ ਫਿਰੈ ਮਨਮੁਖਿ ਪਤਿ ਗਵਾਈ॥੫॥	(:ਪੋਲਾ ਬੋਲੋ ਪਤਿ) ਇੱਜ਼ਤ	Bharamae Bhoolaa Sabh Jag Firai Manamukh Path Gavaaee ||5||	The entire world is wandering around, deluded by doubt; the self-willed manmukhs lose their honor. ||5||	ਭੁਲੇਖੇ ਵਿਚ ਕੁਰਾਹੇ ਪਿਆ ਹੋਇਆ ਸਾਰਾ ਜਗਤ ਭਾਲਦਾ ਫਿਰਦਾ ਹੈ, ਤੇ ਇੰਜ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਆਪਣੀ ਸਮਝ ਦੇ) ਤੇ ਇੱਜ਼ਤ ਗਵਾ ਲੈਂਦਾ ਹੈ ॥੫॥
19600	425	ਘਰੁ ਦਰੁ ਛੋਡੇ ਆਪਣਾ ਪਰ ਘਰਿ ਝੂਠਾ ਜਾਈ॥		Ghar Dhar Shhoddae Aapanaa Par Ghar Jhoothaa Jaaee ||	The false one leaves his own hearth and home, and goes out to another's home.	ਜਿਵੇਂ ਕੋਈ ਝੂਠਾ (ਠੱਗ) ਮਨੁੱਖ ਆਪਣਾ ਘਰ-ਘਾਟ ਛੱਡ ਦੇਂਦਾ ਹੈ (ਤੇ ਧਨ ਆਦਿਕ ਦੀ ਖ਼ਾਤਰ) ਪਰਾਏ ਘਰ ਵਿਚ ਜਾਂਦਾ ਹੈ,

19601	425	ਚੋਰੈ ਵਾਂਗੂ ਪਕੜੀਐ ਬਿਨੁ ਨਾਵੈ ਚੋਟਾ ਖਾਈ॥੬॥	ਚੋਟਾਂ	Chorai Vaangoo Pakarreeai Bin Naavai Chottaa Khaaee ||6||	Like a thief, he is caught, and without the Naam, he is beaten and struck down. ||6||	ਉਹ ਚੋਰ ਵਾਂਗ ਫੜਿਆ ਜਾਂਦਾ ਹੈ (ਇਸੇ ਤਰ੍ਹਾਂ) ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਮਨੁੱਖ (ਲੋਕ ਪਰਲੋਕ ਵਿਚ) ਸੱਟਾਂ ਖਾਂਦਾ ਹੈ ॥੬॥
19602	425	ਜਿਨੀ ਘਰੁ ਜਾਤਾ ਆਪਣਾ ਸੇ ਸੁਖੀਏ ਭਾਈ॥	(ਜਾੱਤਾ) ਜਾਣਿਆ	Jinhee Ghar Jaathaa Aapanaa Sae Sukheeeae Bhaaee ||	Those who know their own home, are happy, O Siblings of Destiny.	ਜਿਨ੍ਹਾਂ ਮਨੁੱਖਾਂ ਨੇ ਆਪਣਾ (ਹਿਰਦਾ-) ਘਰ ਚੰਗੀ ਤਰ੍ਹਾਂ ਸਮਝ ਲਿਆ ਹੈ (ਭਾਵ, ਜਿਨ੍ਹਾਂ ਨੇ) ਇਹ ਪਛਾਣ ਲਿਆ ਹੈ ਕਿ ਪਰਮਾਤਮਾ (ਸਾਡੇ) ਅੰਦਰ ਹੀ ਵੱਸਦਾ ਹੈ, ਉਹ ਸੁਖੀ ਜੀਵਨ ਬਿਤਾਂਦੇ ਹਨ।
19603	425	ਅੰਤਰਿ ਬ੍ਰਹਮੁ ਪਛਾਣਿਆ ਗੁਰ ਕੀ ਵਡਿਆਈ॥੭॥		Anthar Breham Pashhaaniaa Gur Kee Vaddiaaee ||7||	They realize God within their own hearts, through the glorious greatness of the Guru. ||7||	(ਪਰ, ਹੇ ਭਾਈ!) ਇਹ ਸਤਿਗੁਰੂ ਦੀ ਹੀ ਮੇਹਰ ਹੈ (ਗੁਰੂ ਕਿਰਪਾ ਕਰੇ ਤਦੋਂ ਹੀ ਇਹ ਸਮਝ ਪੈਂਦੀ ਹੈ) ॥੭॥
19604	425	ਆਪੇ ਦਾਨੁ ਕਰੇ ਕਿਸੁ ਆਖੀਐ ਆਪੇ ਦੇਇ ਬੁਝਾਈ॥	ਦੇ-ਇ। ਬੁੱਝਾਈ	Aapae Dhaan Karae Kis Aakheeai Aapae Dhaee Bujhaaee ||	He Himself gives gifts, and He Himself bestows understanding; unto whom can we complain?	ਪਰਮਾਤਮਾ ਆਪ ਹੀ ਨਾਮ ਦੀ ਦਾਤ ਕਰਦਾ ਹੈ, ਹੋਰ ਕੋਈ ਨਹੀਂ, ਤੇ ਉਹ ਆਪ ਹੀ (ਨਾਮ ਦੀ) ਸਮਝ ਬਖ਼ਸ਼ਦਾ ਹੈ।

19605	425	ਨਾਨਕ ਨਾਮੁ ਧਿਆਇ ਤੂੰ ਦਰਿ ਸਚੈ ਸੋਭਾ ਪਾਈ॥੮॥੬॥੨੮॥		Naanak Naam Dhhiaae Thoon Dhar Sachai Sobhaa Paaee ||8||6||28||	O Nanak, meditate on the Naam, the Name of the Lord, and you shall obtain glory in the True Court. ||8||6||28||	ਹੇ ਨਾਨਕ! ਤੂੰ ਸਦਾ ਹਰਿ-ਨਾਮ ਸਿਮਰਦਾ ਰਹੁ ਤੇ ਇਸ ਤਰ੍ਹਾਂ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਦਰ ਤੇ ਸੋਭਾ ਹਾਸਲ ਕਰ ॥੮॥੬॥੨੮॥
19606	426	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
19607	426	ਆਪੈ ਆਪੁ ਪਛਾਣਿਆ ਸਾਦੁ ਮੀਠਾ ਭਾਈ॥		Aapai Aap Pashhaaniaa Saadh Meethaa Bhaaee ||	Those who recognize their own selves, enjoy the sweet flavor, O Siblings of Destiny.	(ਪਰਮਾਤਮਾ ਦਾ ਨਾਮ-ਰਸ ਚੱਖਣ ਨਾਲ) ਮਨੁੱਖ ਆਪਣੇ ਆਪ ਹੀ ਆਤਮਕ ਜੀਵਨ ਨੂੰ ਪੜਤਾਲਣ ਲੱਗ ਪੈਂਦਾ ਹੈ ਤੇ ਇਸ ਤਰ੍ਹਾਂ ਉਸ ਨੂੰ ਨਾਮ-ਰਸ ਦਾ ਸੁਆਦ ਮਿੱਠਾ ਲਗਣਾ ਸ਼ੁਰੂ ਹੋ ਜਾਂਦਾ ਹੈ।
19608	426	ਹਰਿ ਰਸਿ ਚਾਖਿਐ ਮੁਕਤੁ ਭਏ ਜਿਨ੍ਹਾ ਸਾਚੋ ਭਾਈ॥੧॥	(ਸਾਚੋ) ਸੱਚੇ ਵਾਹਿਗੁਰੂ ਜੀ (ਭਾਈ) ਪਿਆਰੇ ਲੱਗੇ	Har Ras Chaakhiai Mukath Bheae Jinhaa Saacho Bhaaee ||1||	Those who drink in the sublime essence of the Lord are emancipated; they love the Truth. ||1||	(ਨਾਮ-ਰਸ ਦੀ ਬਰਕਤਿ ਨਾਲ) ਜਿਨ੍ਹਾਂ ਨੂੰ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ ਉਹ ਮਾਇਆ ਦੇ ਮੋਹ ਤੋਂ ਆਜ਼ਾਦ ਹੋ ਜਾਂਦੇ ਹਨ ॥੧॥

19609	426	ਹਰਿ ਜੀਉ ਨਿਰਮਲ ਨਿਰਮਲਾ ਨਿਰਮਲ ਮਨਿ ਵਾਸਾ॥		Har Jeeo Niramal Niramalaa Niramal Man Vaasaa ||	The Beloved Lord is the purest of the pure; He comes to dwell in the pure mind.	ਪਰਮਾਤਮਾ ਨਿਰੋਲ ਪਵਿਤ੍ਰ ਹੈ, ਉਸ ਦਾ ਨਿਵਾਸ ਪਵਿਤ੍ਰ ਮਨ ਵਿਚ ਹੀ ਹੋ ਸਕਦਾ ਹੈ।
19610	426	ਗੁਰਮਤੀ ਸਾਲਾਹੀਐ ਬਿਖਿਆ ਮਾਹਿ ਉਦਾਸਾ॥੧॥ਰਹਾਉ॥		Guramathee Saalaaheeai Bikhiaa Maahi Oudhaasaa ||1|| Rehaao ||	Praising the Lord, through the Guru's Teachings, one remains unaffected by corruption. ||1||Pause||	ਜੇ ਗੁਰੂ ਦੀ ਮਤਿ ਉਤੇ ਤੁਰ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਰਹੀਏ ਤਾਂ ਮਾਇਆ ਵਿਚ ਰਹਿੰਦਿਆਂ ਹੀ ਮਾਇਆ ਤੋਂ ਨਿਰਲੇਪ ਹੋ ਸਕੀਦਾ ਹੈ ॥੧॥ ਰਹਾਉ ॥
19611	426	ਬਿਨੁ ਸਬਦੈ ਆਪੁ ਨ ਜਾਪਈ ਸਭ ਅੰਧੀ ਭਾਈ॥	(ਜਾਪਈ) ਜਾਣੀਦਾ	Bin Sabadhai Aap N Jaapee Sabh Andhhee Bhaaee ||	Without the Word of the Shabad, they do not understand themselves -they are totally blind, O Siblings of Destiny.	ਗੁਰੂ ਦੇ ਸ਼ਬਦ ਤੋਂ ਬਿਨਾ ਆਪਣੇ ਆਤਮਕ ਜੀਵਨ ਨੂੰ ਪਰਖਿਆ ਨਹੀਂ ਜਾ ਸਕਦਾ (ਸ਼ਬਦ ਤੋਂ ਬਿਨਾ) ਸਾਰੀ ਲੁਕਾਈ (ਮਾਇਆ ਦੇ ਮੋਹ ਵਿਚ) ਅੰਨ੍ਹੀ ਹੋਈ ਰਹਿੰਦੀ ਹੈ।
19612	426	ਗੁਰਮਤੀ ਘਟਿ ਚਾਨਣਾ ਨਾਮੁ ਅੰਤਿ ਸਖਾਈ॥੨॥		Guramathee Ghatt Chaananaa Naam Anth Sakhaaee ||2||	Through the Guru's Teachings, the heart is illuminated, and in the end, only the Naam shall be your companion. ||2||	ਗੁਰੂ ਦੀ ਮਤਿ ਦੀ ਰਾਹੀਂ ਹਿਰਦੇ ਵਿਚ (ਵਸਾਇਆ ਹੋਇਆ ਨਾਮ ਆਤਮਕ ਜੀਵਨ ਲਈ) ਚਾਨਣ ਦੇਂਦਾ ਹੈ, ਅੰਤ ਵੇਲੇ ਭੀ ਹਰਿ-ਨਾਮ ਹੀ ਸਾਥੀ ਬਣਦਾ ਹੈ ॥੨॥

19613	426	ਨਾਮੇ ਹੀ ਨਾਮਿ ਵਰਤਦੇ ਨਾਮੇ ਵਰਤਾਰਾ॥		Naamae Hee Naam Varathadhae Naamae Varathaaraa ||	They are occupied with the Naam, and only the Naam; they deal only in the Naam.	ਨਾਮ ਜਪਣ ਵਾਲੇ ਮਨੁੱਖ, ਨਾਮ ਵਿਚ ਲੀਨ ਰਹਿੰਦਿਆਂ ਹੀ ਸਦਾ ਦੁਨੀਆ ਦੀ ਕਿਰਤਕਾਰ ਕਰਦੇ ਹਨ ਤੇ ਉਹਨਾਂ ਦੇ ਹਿਰਦੇ ਵਿਚ ਨਾਮ ਟਿਕਿਆ ਰਹਿੰਦਾ ਹੈ।
19614	426	ਅੰਤਰਿ ਨਾਮੁ ਮੁਖਿ ਨਾਮੁ ਹੈ ਨਾਮੇ ਸਬਦਿ ਵੀਚਾਰਾ॥੩॥		Anthar Naam Mukh Naam Hai Naamae Sabadh Veechaaraa ||3||	Deep within their hearts is the Naam; upon their lips is the Naam; they contemplate the Word of God, and the Naam. ||3||	ਉਹਨਾਂ ਦੇ ਮੂੰਹ ਵਿਚ ਨਾਮ ਵੱਸਦਾ ਹੈ, ਉਹ ਗੁਰ-ਸ਼ਬਦ ਦੀ ਰਾਹੀਂ ਹਰਿ-ਨਾਮ ਦਾ ਹੀ ਵਿਚਾਰ ਕਰਦੇ ਰਹਿੰਦੇ ਹਨ ॥੩॥
19615	426	ਨਾਮੁ ਸੁਣੀਐ ਨਾਮੁ ਮੰਨੀਐ ਨਾਮੇ ਵਡਿਆਈ॥		Naam Suneeai Naam Manneeai Naamae Vaddiaaee ||	They listen to the Naam, believe in the Naam, and through the Naam, they obtain glory.	ਹਰ ਵੇਲੇ ਹਰਿ-ਨਾਮ ਸੁਣਨਾ ਚਾਹੀਦਾ ਹੈ, ਹਰਿ-ਨਾਮ ਵਿਚ ਮਨ ਗਿਝਾਣਾ ਚਾਹੀਦਾ ਹੈ, ਹਰਿ-ਨਾਮ ਦੀ ਬਰਕਤਿ ਨਾਲ (ਲੋਕ ਪਰਲੋਕ ਵਿਚ) ਆਦਰ ਮਿਲਦਾ ਹੈ।
19616	426	ਨਾਮੁ ਸਲਾਹੇ ਸਦਾ ਸਦਾ ਨਾਮੇ ਮਹਲੁ ਪਾਈ॥੪॥		Naam Salaahae Sadhaa Sadhaa Naamae Mehal Paaee ||4||	They praise the Naam, forever and ever, and through the Naam, they obtain the Mansion of the Lord's Presence. ||4||	ਜੇਹੜਾ ਮਨੁੱਖ ਸਦਾ ਹਰ ਵੇਲੇ ਹਰੀ ਦੀ ਸਿਫ਼ਤ-ਸਾਲਾਹ ਕਰਦਾ ਹੈ ਉਹ ਹਰਿ-ਨਾਮ ਦੀ ਰਾਹੀਂ ਹਰਿ-ਚਰਨਾਂ ਵਿਚ ਟਿਕਾਣਾ ਲੱਭ ਲੈਂਦਾ ਹੈ ॥੪॥

19617	426	ਨਾਮੇ ਹੀ ਘਟਿ ਚਾਨਣਾ ਨਾਮੇ ਸੋਭਾ ਪਾਈ॥		Naamae Hee Ghatt Chaananaa Naamae Sobhaa Paaee ||	Through the Naam, their hearts are illumined, and through the Naam, they obtain honor.	ਹਰਿ-ਨਾਮ ਦੀ ਰਾਹੀਂ ਹੀ ਹਿਰਦੇ ਵਿਚ (ਆਤਮਕ ਜੀਵਨ ਲਈ) ਚਾਨਣ ਪੈਦਾ ਹੁੰਦਾ ਹੈ, (ਹਰ ਥਾਂ) ਸੋਭਾ ਮਿਲਦੀ ਹੈ।
19618	426	ਨਾਮੇ ਹੀ ਸੁਖੁ ਊਪਜੈ ਨਾਮੇ ਸਰਣਾਈ॥੫॥		Naamae Hee Sukh Oopajai Naamae Saranaaee ||5||	Through the Naam, peace wells up; I seek the Sanctuary of the Naam. ||5||	ਹਰਿ-ਨਾਮ ਦੀ ਰਾਹੀਂ ਹੀ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ਤੇ ਹਰੀ ਦੀ ਹੀ ਸਰਨ ਪਏ ਰਹੀਦਾ ਹੈ ॥੫॥
19619	426	ਬਿਨੁ ਨਾਵੈ ਕੋਇ ਨ ਮੰਨੀਐ ਮਨਮੁਖਿ ਪਤਿ ਗਵਾਈ॥		Bin Naavai Koe N Manneeai Manamukh Path Gavaaee ||	Without the Naam, no one is accepted; the self-willed manmukhs lose their honor.	ਨਾਮ ਸਿਮਰਨ ਤੋਂ ਬਿਨਾ ਕਿਸੇ ਭੀ ਮਨੁੱਖ ਨੂੰ ਦਰਗਾਹ ਵਿਚ ਆਦਰ ਨਹੀਂ ਮਿਲਦਾ, ਆਪਣੇ ਮਨ ਦੇ ਪਿਛੇ ਤੁਰਨ ਵਾਲਾ ਮਨੁੱਖ (ਦਰਗਾਹ ਵਿਚ) ਇੱਜ਼ਤ ਗਵਾ ਬੈਠਦਾ ਹੈ।
19620	426	ਜਮਪੁਰਿ ਬਾਧੇ ਮਾਰੀਅਹਿ ਬਿਰਥਾ ਜਨਮੁ ਗਵਾਈ॥੬॥		Jam Pur Baadhhae Maareeahi Birathhaa Janam Gavaaee ||6||	In the City of Death, they are tied down and beaten, and they lose their lives in vain. ||6||	ਇਹੋ ਜਿਹੇ ਮਨੁੱਖ ਜਮ ਦੀ ਪੁਰੀ ਵਿਚ ਬੱਝੇ ਮਾਰ ਖਾਂਦੇ ਹਨ, ਉਹ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਜਾਂਦੇ ਹਨ ॥੬॥
19621	426	ਨਾਮੈ ਕੀ ਸਭ ਸੇਵਾ ਕਰੈ ਗੁਰਮੁਖਿ ਨਾਮੁ ਬੁਝਾਈ॥	ਬੁੱਝਾਈ	Naamai Kee Sabh Saevaa Karai Guramukh Naam Bujhaaee ||	Those Gurmukhs who realize the Naam, all serve the Naam.	ਸਾਰੀ ਲੁਕਾਈ ਹਰਿ-ਨਾਮ (ਜਪਣ ਵਾਲੇ) ਦੀ ਸੇਵਾ ਕਰਦੀ ਹੈ ਤੇ ਨਾਮ ਜਪਣ ਦੀ ਸੂਝ ਗੁਰੂ ਬਖ਼ਸ਼ਦਾ ਹੈ।

19622	426	ਨਾਮਹੁ ਹੀ ਨਾਮੁ ਮੰਨੀਐ ਨਾਮੇ ਵਡਿਆਈ॥੭॥		Naamahu Hee Naam Manneeai Naamae Vaddiaaee ||7||	So believe in the Naam, and only the Naam; through the Naam, glorious greatness is obtained. ||7||	(ਹਰ ਥਾਂ) ਨਾਮ (ਜਪਣ ਵਾਲੇ) ਨੂੰ ਹੀ ਆਦਰ ਮਿਲਦਾ ਹੈ, ਨਾਮ ਦੀ ਬਰਕਤਿ ਨਾਲ ਹੀ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ ॥੭॥
19623	426	ਜਿਸ ਨੋ ਦੇਵੈ ਤਿਸੁ ਮਿਲੈ ਗੁਰਮਤੀ ਨਾਮੁ ਬੁਝਾਈ॥	ਗੁਰਮੱਤੀ। ਬੁੱਝਾਈ	Jis No Dhaevai This Milai Guramathee Naam Bujhaaee ||	He alone receives it, unto whom it is given. Through the Guru's Teachings, the Naam is realized.	ਪਰ, ਹਰਿ-ਨਾਮ ਸਿਰਫ਼ ਉਸੇ ਨੂੰ ਮਿਲਦਾ ਹੈ ਜਿਸ ਨੂੰ ਹਰੀ ਆਪ ਦੇਂਦਾ ਹੈ, ਜਿਸ ਨੂੰ ਗੁਰੂ ਦੀ ਮਤਿ ਉਤੇ ਤੋਰ ਕੇ ਨਾਮ (ਸਿਮਰਨ ਦੀ) ਸੂਝ ਬਖ਼ਸ਼ਦਾ ਹੈ।
19624	426	ਨਾਨਕ ਸਭ ਕਿਛੁ ਨਾਵੈ ਕੈ ਵਸਿ ਹੈ ਪੂਰੈ ਭਾਗਿ ਕੋ ਪਾਈ॥੮॥੭॥੨੯॥	ਵੱਸਿ	Naanak Sabh Kishh Naavai Kai Vas Hai Poorai Bhaag Ko Paaee ||8||7||29||	O Nanak, everything is under the influence of the Naam; by perfect good destiny, a few obtain it. ||8||7||29||	ਹੇ ਨਾਨਕ! ਹਰੇਕ (ਆਦਰ-ਮਾਣ) ਹਰਿ-ਨਾਮ ਦੇ ਵੱਸ ਵਿਚ ਹੈ। ਕੋਈ ਵਿਰਲਾ ਮਨੁੱਖ ਵੱਡੀ ਕਿਸਮਤ ਨਾਲ ਹਰਿ-ਨਾਮ ਪ੍ਰਾਪਤ ਕਰਦਾ ਹੈ ॥੮॥੭॥੨੯॥
19625	426	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
19626	426	ਦੋਹਾਗਣੀ ਮਹਲੁ ਨ ਪਾਇਨ੍ਹੀ ਨ ਜਾਣਨਿ ਪਿਰ ਕਾ ਸੁਆਉ॥	(ਦੋਹਾਗਣੀ) ਖੋਟੇ ਕੰਮਾਂ ਵਾਲੀ। (ਸੁਆਉ) ਅਨੰਦ	Dhohaaganee Mehal N Paaeinhee N Jaanan Pir Kaa Suaao ||	The deserted brides do not obtain the Mansion of their Husband's Presence, nor do they know His taste.	ਮੰਦੇ ਭਾਗਾਂ ਵਾਲੀਆਂ ਜੀਵ-ਇਸਤ੍ਰੀਆਂ ਪ੍ਰਭੂ-ਪਤੀ ਦਾ ਟਿਕਾਣਾ ਨਹੀਂ ਲੱਭ ਸਕਦੀਆਂ, ਉਹ ਪ੍ਰਭੂ-ਪਤੀ ਦੇ ਮਿਲਾਪ ਦਾ ਆਨੰਦ ਨਹੀਂ ਜਾਣ ਸਕਦੀਆਂ।

19627	426	ਫਿਕਾ ਬੋਲਹਿ ਨਾ ਨਿਵਹਿ ਦੂਜਾ ਭਾਉ ਸੁਆਉ॥੧॥		Fikaa Bolehi Naa Nivehi Dhoojaa Bhaao Suaao ||1||	They speak harsh words, and do not bow to Him; they are in love with another. ||1||	ਉਹ ਖਰ੍ਹਵਾ ਬੋਲਦੀਆਂ ਹਨ, ਲਿਫਣਾ ਨਹੀਂ ਜਾਣਦੀਆਂ, ਮਾਇਆ ਦਾ ਪਿਆਰ ਹੀ ਉਹਨਾਂ ਦੀ ਜ਼ਿੰਦਗੀ ਦਾ ਪਿਆਰ ਬਣਿਆ ਰਹਿੰਦਾ ਹੈ ॥੧॥
19628	426	ਇਹੁ ਮਨੂਆ ਕਿਉ ਕਰਿ ਵਸਿ ਆਵੈ॥		Eihu Manooaa Kio Kar Vas Aavai ||	How can this mind come under control?	ਇਹ ਮਨ ਕਿਸ ਤਰ੍ਹਾਂ ਕਾਬੂ ਵਿਚ ਆਉਂਦਾ ਹੈ?
19629	426	ਗੁਰ ਪਰਸਾਦੀ ਠਾਕੀਐ ਗਿਆਨ ਮਤੀ ਘਰਿ ਆਵੈ॥੧॥ਰਹਾਉ॥	(ਠਾਕੀਐ) ਰੋਕੀਏ। ਮੱਤੀ	Gur Parasaadhee Thaakeeai Giaan Mathee Ghar Aavai ||1|| Rehaao ||	By Guru's Grace, it is held in check; instructed in spiritual wisdom, it returns to its home. ||1||Pause||	ਗੁਰੂ ਦੀ ਕਿਰਪਾ ਨਾਲ ਹੀ ਮਨ (ਵਿਕਾਰਾਂ ਵਲੋਂ) ਰੋਕਿਆ ਜਾ ਸਕਦਾ ਹੈ ਤੇ ਗੁਰੂ ਦੇ ਬਖ਼ਸ਼ੇ ਹੋਏ ਗਿਆਨ ਦੀ ਮਤਿ ਦੇ ਆਸਰੇ ਹੀ ਇਹ ਅੰਤਰ ਆਤਮੇ ਆ ਟਿਕਦਾ ਹੈ ॥੧॥ ਰਹਾਉ ॥
19630	426	ਸੋਹਾਗਣੀ ਆਪਿ ਸਵਾਰੀਓਨੁ ਲਾਇ ਪ੍ਰੇਮ ਪਿਆਰੁ॥	ਸਵਾਰੀ-ਓਨੁ	Sohaaganee Aap Savaareeoun Laae Praem Piaar ||	He Himself adorns the happy soul-brides; they bear Him love and affection.	ਚੰਗੇ ਭਾਗਾਂ ਵਾਲੀਆਂ ਨੂੰ ਆਪਣੇ ਪ੍ਰੇਮ ਪਿਆਰ ਦੀ ਦਾਤ ਦੇ ਕੇ ਪਰਮਾਤਮਾ ਨੇ ਆਪ ਸੋਹਣੇ ਜੀਵਨ ਵਾਲੀਆਂ ਬਣਾ ਦਿੱਤਾ ਹੈ।
19631	426	ਸਤਿਗੁਰ ਕੈ ਭਾਣੈ ਚਲਦੀਆ ਨਾਮੇ ਸਹਜਿ ਸੀਗਾਰੁ॥੨॥		Sathigur Kai Bhaanai Chaladheeaa Naamae Sehaj Seegaar ||2||	They live in harmony with the Sweet Will of the True Guru, naturally adorned with the Naam. ||2||	ਉਹ ਸਦਾ ਗੁਰੂ ਦੀ ਰਜ਼ਾ ਵਿਚ ਜੀਵਨ ਬਿਤਾਂਦੀਆਂ ਹਨ ਤੇ ਨਾਮ ਵਿਚ ਆਤਮਕ ਅਡੋਲਤਾ ਵਿਚ ਟਿਕੇ ਰਹਿਣਾ ਹੀ ਉਹਨਾਂ ਦੇ ਆਤਮਕ ਜੀਵਨ ਦਾ ਸ਼ਿੰਗਾਰ ਹੈ ॥੨॥

19632	426	ਸਦਾ ਰਾਵਹਿ ਪਿਰੁ ਆਪਣਾ ਸਚੀ ਸੇਜ ਸੁਭਾਇ॥		Sadhaa Raavehi Pir Aapanaa Sachee Saej Subhaae ||	They enjoy their Beloved forever, and their bed is decorated with Truth.	ਉਹ ਜੀਵ-ਇਸਤ੍ਰੀਆਂ ਸਦਾ ਆਪਣੇ ਪ੍ਰਭੂ-ਪਤੀ ਨੂੰ ਹਿਰਦੇ ਵਿਚ ਵਸਾਈ ਰੱਖਦੀਆਂ ਹਨ, ਪ੍ਰੇਮ ਦੀ ਬਰਕਤਿ ਨਾਲ (ਉਹਨਾਂ ਦਾ ਹਿਰਦਾ ਪ੍ਰਭੂ-ਪਤੀ ਵਾਸਤੇ) ਸਦਾ ਟਿਕੀ ਰਹਿਣ ਵਾਲੀ ਸੇਜ ਬਣਿਆ ਰਹਿੰਦਾ ਹੈ,
19633	426	ਪਿਰ ਕੈ ਪ੍ਰੇਮਿ ਮੋਹੀਆ ਮਿਲਿ ਪ੍ਰੀਤਮ ਸੁਖੁ ਪਾਇ॥੩॥		Pir Kai Praem Moheeaa Mil Preetham Sukh Paae ||3||	They are fascinated with the Love of their Husband Lord; meeting their Beloved, they obtain peace. ||3||	(ਇਸ ਤਰ੍ਹਾਂ) ਆਤਮਕ ਆਨੰਦ ਪ੍ਰਾਪਤ ਕਰ ਕੇ ਪ੍ਰੀਤਮ-ਪ੍ਰਭੂ ਨੂੰ ਮਿਲ ਕੇ ਉਹ ਪ੍ਰਭੂ-ਪਤੀ ਦੇ ਪ੍ਰੇਮ ਵਿਚ ਮਸਤ ਰਹਿੰਦੀਆਂ ਹਨ ॥੩॥
19634	426	ਗਿਆਨ ਅਪਾਰੁ ਸੀਗਾਰੁ ਹੈ ਸੋਭਾਵੰਤੀ ਨਾਰਿ॥		Giaan Apaar Seegaar Hai Sobhaavanthee Naar ||	Spiritual wisdom is the incomparable decoration of the happy soul-bride.	ਜਿਸ ਜੀਵ-ਇਸਤ੍ਰੀ ਦਾ ਸ਼ਿੰਗਾਰ ਆਤਮਕ ਗਿਆਨ ਹੈ ਉਸ ਕੋਲ ਬੇਅੰਤ ਖ਼ਜਾਨਾ ਹੈ ਤੇ ਐਸੀ ਜੀਵ-ਇਸਤ੍ਰੀ ਸ਼ੋਭਾ ਖੱਟਦੀ ਹੈ।
19635	426	ਸਾ ਸਭਰਾਈ ਸੁੰਦਰੀ ਪਿਰ ਕੈ ਹੇਤਿ ਪਿਆਰਿ॥੪॥	ਮਹਾਰਾਜੇ ਰਾਮ ਜੀ ਦੀ (ਸਭਰਾਈ) ਪਟਰਾਣੀ	Saa Sabharaaee Sundharee Pir Kai Haeth Piaar ||4||	She is so beautiful - she is the queen of all; she enjoys the love and affection of her Husband Lord. ||4||	ਪ੍ਰਭੂ-ਪਤੀ ਦੇ ਪ੍ਰੇਮ-ਪਿਆਰ ਦੀ ਬਰਕਤਿ ਨਾਲ ਉਹ ਸੋਹਣੇ ਜੀਵਨ ਵਾਲੀ ਬਣ ਜਾਂਦੀ ਹੈ ਉਹ ਪ੍ਰਭੂ-ਪਾਤਿਸ਼ਾਹ ਦੀ ਪਟਰਾਣੀ ਬਣ ਜਾਂਦੀ ਹੈ ॥੪॥

19636	426	ਸੋਹਾਗਣੀ ਵਿਚਿ ਰੰਗੁ ਰਖਿਓਨੁ ਸਚੈ ਅਲਖਿ ਅਪਾਰਿ॥		Sohaaganee Vich Rang Rakhioun Sachai Alakh Apaar ||	The True Lord, the Unseen, the Infinite, has infused His Love among the happy soul-brides.	ਸਦਾ-ਥਿਰ ਅਲੱਖ ਤੇ ਅਪਾਰ ਪ੍ਰਭੂ ਨੇ ਸੋਹਾਗਣ (ਜੀਵ-ਇਸਤ੍ਰੀਆਂ ਦੇ ਹਿਰਦੇ) ਵਿਚ ਆਪਣਾ ਪਿਆਰ ਆਪ ਟਿਕਾ ਰੱਖਿਆ ਹੈ,
19637	426	ਸਤਿਗੁਰੁ ਸੇਵਨਿ ਆਪਣਾ ਸਚੈ ਭਾਇ ਪਿਆਰਿ॥੫॥		Sathigur Saevan Aapanaa Sachai Bhaae Piaar ||5||	They serve their True Guru, with true love and affection. ||5||	ਉਹ ਗੁਰੂ ਦੀ ਦੱਸੀ ਸੇਵਾ ਕਰਦੀਆਂ ਰਹਿੰਦੀਆਂ ਹਨ ਤੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਪ੍ਰੇਮ ਵਿਚ ਪਿਆਰ ਵਿਚ (ਮਸਤ ਰਹਿੰਦੀਆਂ ਹਨ) ॥੫॥
19638	426	ਸੋਹਾਗਣੀ ਸੀਗਾਰੁ ਬਣਾਇਆ ਗੁਣ ਕਾ ਗਲਿ ਹਾਰੁ॥		Sohaaganee Seegaar Banaaeiaa Gun Kaa Gal Haar ||	The happy soul-bride has adorned herself with the necklace of virtue.	ਜਿਨ੍ਹਾਂ ਜੀਵ-ਇਸਤ੍ਰੀਆਂ ਦੇ ਸਿਰ ਉੱਤੇ ਖਸਮ-ਪ੍ਰਭੂ ਦਾ ਹੱਥ ਹੈ ਉਹਨਾਂ ਨੇ ਪ੍ਰਭੂ-ਪਤੀ ਦੇ ਗੁਣਾਂ ਨੂੰ ਆਪਣੇ ਜੀਵਨ ਦਾ ਗਹਿਣਾ ਬਣਾਇਆ ਹੋਇਆ ਹੈ, ਪ੍ਰਭੂ ਦੇ ਗੁਣਾਂ ਦਾ ਹਾਰ ਬਣਾ ਕੇ ਆਪਣੇ ਗਲ ਵਿਚ ਪਾਇਆ ਹੋਇਆ ਹੈ।
19639	426	ਪ੍ਰੇਮ ਪਿਰਮਲੁ ਤਨਿ ਲਾਵਣਾ ਅੰਤਰਿ ਰਤਨੁ ਵੀਚਾਰੁ॥੬॥	(ਪਿਰਮਲੁ) ਚੰਦਨ	Praem Piramal Than Laavanaa Anthar Rathan Veechaar ||6||	She applies the perfume of love to her body, and within her mind is the jewel of reflective meditation. ||6||	ਉਹ ਪ੍ਰਭੂ-ਪਤੀ ਦੇ ਪਿਆਰ ਦੀ ਸੁਗੰਧੀ ਨੂੰ ਆਪਣੇ ਸਰੀਰ ਉਤੇ ਲਾਂਦੀਆਂ ਹਨ, ਉਹ ਆਪਣੇ ਹਿਰਦੇ ਵਿਚ ਪ੍ਰਭੂ ਦੇ ਗੁਣਾਂ ਦੀ ਵਿਚਾਰ ਦਾ ਰਤਨ ਸਾਂਭ ਰੱਖਦੀਆਂ ਹਨ ॥੬॥

19640	426	ਭਗਤਿ ਰਤੇ ਸੇ ਊਤਮਾ ਜਤਿ ਪਤਿ ਸਬਦੇ ਹੋਇ॥	ਰੱਤੇ	Bhagath Rathae Sae Oothamaa Jath Path Sabadhae Hoe ||	Those who are imbued with devotional worship are the most exalted. Their social standing and honor come from the Word of the Shabad.	ਜੇਹੜੇ ਮਨੁੱਖ ਪ੍ਰਭੂ ਦੀ ਭਗਤੀ ਦੇ ਰੰਗ ਵਿਚ ਰੰਗੇ ਜਾਂਦੇ ਹਨ ਉਹੀ ਉੱਚੀ ਜਾਤ ਵਾਲੇ ਹਨ, ਗੁਰੂ ਦੇ ਸ਼ਬਦ ਵਿਚ ਜੁੜਿਆਂ ਹੀ ਉੱਚੀ ਜਾਤ ਬਣਦੀ ਹੈ ਉੱਚੀ ਕੁਲ ਬਣਦੀ ਹੈ।
19641	426	ਬਿਨੁ ਨਾਵੈ ਸਭ ਨੀਚ ਜਾਤਿ ਹੈ ਬਿਸਟਾ ਕਾ ਕੀੜਾ ਹੋਇ॥੭॥		Bin Naavai Sabh Neech Jaath Hai Bisattaa Kaa Keerraa Hoe ||7||	Without the Naam, all are low class, like maggots in manure. ||7||	ਪ੍ਰਭੂ ਦੇ ਨਾਮ ਤੋਂ ਸੱਖਣੀ ਸਾਰੀ ਲੁਕਾਈ ਹੀ ਨੀਵੀਂ ਜਾਤਿ ਵਾਲੀ ਹੈ। (ਨਾਮ ਤੋਂ ਖੁੰਝ ਕੇ ਲੁਕਾਈ ਵਿਕਾਰਾਂ ਦੇ ਗੰਦ ਵਿਚ ਟਿਕੀ ਰਹਿੰਦੀ ਹੈ, ਜਿਵੇਂ) ਵਿਸ਼ਟੇ ਦਾ ਕੀੜਾ ਵਿਸ਼ਟੇ ਵਿਚ ਮਗਨ ਰਹਿੰਦਾ ਹੈ ॥੭॥
19642	426	ਹਉ ਹਉ ਕਰਦੀ ਸਭ ਫਿਰੈ ਬਿਨੁ ਸਬਦੈ ਹਉ ਨ ਜਾਇ॥		Ho Ho Karadhee Sabh Firai Bin Sabadhai Ho N Jaae ||	Everyone proclaims, ""Me, me!""; but without the Shabad, the ego does not depart.	(ਪ੍ਰਭੂ ਦੇ ਨਾਮ ਤੋਂ ਖੁੰਝ ਕੇ) ਸਾਰੀ ਲੁਕਾਈ ਹਉਮੈ ਅਹੰਕਾਰ ਵਿਚ ਆਫਰੀ ਫਿਰਦੀ ਹੈ, ਗੁਰੂ ਦੇ ਸ਼ਬਦ ਤੋਂ ਬਿਨਾ ਇਹ ਹਉਮੈ ਦੂਰ ਨਹੀਂ ਹੋ ਸਕਦੀ।

19643	426	ਨਾਨਕ ਨਾਮਿ ਰਤੇ ਤਿਨ ਹਉਮੈ ਗਈ ਸਚੈ ਰਹੇ ਸਮਾਇ॥੮॥੮॥੩੦॥	ਰੱਤੇ	Naanak Naam Rathae Thin Houmai Gee Sachai Rehae Samaae ||8||8||30||	O Nanak, those who are imbued with the Naam lose their ego; they remain absorbed in the True Lord. ||8||8||30||	ਹੇ ਨਾਨਕ! ਜੇਹੜੇ ਬੰਦੇ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ ਉਹਨਾਂ ਦੀ ਹਉਮੈ ਦੂਰ ਹੋ ਜਾਂਦੀ ਹੈ ਉਹ ਸਦਾ-ਥਿਰ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦੇ ਹਨ ॥੮॥੮॥੩੦॥
19644	426	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
19645	426	ਸਚੇ ਰਤੇ ਸੇ ਨਿਰਮਲੇ ਸਦਾ ਸਚੀ ਸੋਇ॥	(ਸੋਇ) ਸੋਭਾ। ਰੱਤੇ	Sachae Rathae Sae Niramalae Sadhaa Sachee Soe ||	Those who are imbued with the True Lord are spotless and pure; their reputation is forever true.	ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ (ਦੇ ਨਾਮ-ਰੰਗ) ਵਿਚ ਰੰਗੇ ਜਾਂਦੇ ਹਨ ਉਹ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ ਉਹਨਾਂ ਨੂੰ ਸਦਾ ਕਾਇਮ ਰਹਿਣ ਵਾਲੀ ਸੋਭਾ ਮਿਲਦੀ ਹੈ,
19646	426	ਐਥੈ ਘਰਿ ਘਰਿ ਜਾਪਦੇ ਆਗੈ ਜੁਗਿ ਜੁਗਿ ਪਰਗਟੁ ਹੋਇ॥੧॥	(ਜਾਪਦੇ) ਜਾਣੇ ਜਾਂਦੇ	Aithhai Ghar Ghar Jaapadhae Aagai Jug Jug Paragatt Hoe ||1||	Here, they are known in each and every home, and hereafter, they are famous throughout the ages. ||1||	ਇਸ ਦੁਨੀਆ ਵਿਚ ਉਹ ਹਰੇਕ ਘਰ ਵਿਚ ਉੱਘੇ ਹੋ ਜਾਂਦੇ ਹਨ, ਅਗਾਂਹ ਪਰਲੋਕ ਵਿਚ ਭੀ ਉਹਨਾਂ ਦੀ ਸੋਭਾ ਸਦਾ ਲਈ ਉਜਾਗਰ ਹੋ ਜਾਂਦੀ ਹੈ ॥੧॥
19647	427	ਏ ਮਨ ਰੂੜੇ ਰੰਗੁਲੇ ਤੂੰ ਸਚਾ ਰੰਗੁ ਚੜਾਇ॥	(ਰੂੜੇ) ਸੁੰਦਰ। ਚੜ੍ਹਾਇ	Eae Man Roorrhae Rangulae Thoon Sachaa Rang Charraae ||	O beauteous and joyful mind, imbue yourself with your true color.	ਹੇ ਸੋਹਣੇ ਮਨ! ਹੇ ਰੰਗੀਲੇ ਮਨ! (ਤੂੰ ਆਪਣੇ ਉੱਤੇ) ਸਦਾ ਕਾਇਮ ਰਹਿਣ ਵਾਲਾ ਨਾਮ-ਰੰਗ ਚਾੜ੍ਹ।

19648	427	ਰੂੜੀ ਬਾਣੀ ਜੇ ਰਪੈ ਨਾ ਇਹੁ ਰੰਗੁ ਲਹੈ ਨ ਜਾਇ॥੧॥ਰਹਾਉ॥	ਰਪੈ:ਪੋਲਾ ਬੋਲੋ। (ਰਪੈ) ਰੰਗਿਆ ਜਾਏ	Roorree Baanee Jae Rapai Naa Eihu Rang Lehai N Jaae ||1|| Rehaao ||	If you imbue yourself with the Beauteous Word of the Guru's Bani, then this color shall never fade away. ||1||Pause||	ਜੇ (ਇਹ ਮਨ) ਸੋਹਣੀ ਸਿਫ਼ਤ-ਸਾਲਾਹ ਦੀ ਬਾਣੀ ਨਾਲ ਰੰਗਿਆ ਜਾਏ, ਤਾਂ (ਇਸ ਦਾ) ਇਹ ਰੰਗ ਕਦੇ ਨਹੀਂ ਉਤਰਦਾ ਕਦੇ ਦੂਰ ਨਹੀਂ ਹੁੰਦਾ ॥੧॥ ਰਹਾਉ ॥
19649	427	ਹਮ ਨੀਚ ਮੈਲੇ ਅਤਿ ਅਭਿਮਾਨੀ ਦੂਜੈ ਭਾਇ ਵਿਕਾਰ॥		Ham Neech Mailae Ath Abhimaanee Dhoojai Bhaae Vikaar ||	I am lowly, filthy, and totally egotistical; I am attached to the corruption of duality.	ਮਾਇਆ ਦੇ ਪਿਆਰ ਵਿਚ ਵਿਕਾਰਾਂ ਵਿਚ ਫਸ ਕੇ ਅਸੀਂ ਜੀਵ ਨੀਵੇਂ ਗੰਦੇ ਆਚਰਨ ਵਾਲੇ ਤੇ ਅਹੰਕਾਰੀ ਬਣ ਜਾਂਦੇ ਹਾਂ।
19650	427	ਗੁਰਿ ਪਾਰਸਿ ਮਿਲਿਐ ਕੰਚਨੁ ਹੋਏ ਨਿਰਮਲ ਜੋਤਿ ਅਪਾਰ॥੨॥		Gur Paaras Miliai Kanchan Hoeae Niramal Joth Apaar ||2||	But meeting with the Guru, the Philosopher's Stone, I am transformed into gold; I am blended with the Pure Light of the Infinite Lord. ||2||	ਪਾਰਸ-ਗੁਰੂ ਦੇ ਮਿਲਿਆਂ ਅਸੀਂ ਸੋਨਾ ਬਣ ਜਾਂਦੇ ਹਾਂ, ਸਾਡੇ ਅੰਦਰ ਬੇਅੰਤ ਪ੍ਰਭੂ ਦੀ ਪਵਿਤ੍ਰ ਜੋਤਿ ਜਗ ਪੈਂਦੀ ਹੈ ॥੨॥
19651	427	ਬਿਨੁ ਗੁਰ ਕੋਇ ਨ ਰੰਗੀਐ ਗੁਰਿ ਮਿਲਿਐ ਰੰਗੁ ਚੜਾਉ॥	ਚੜ੍ਹਾਉ	Bin Gur Koe N Rangeeai Gur Miliai Rang Charraao ||	Without the Guru, no one is imbued with the color of the Lord's Love; meeting with the Guru, this color is applied.	ਗੁਰੂ ਦੀ ਸਰਨ ਪੈਣ ਤੋਂ ਬਿਨਾ ਕੋਈ ਮਨੁੱਖ (ਨਾਮ-ਰੰਗ ਨਾਲ) ਰੰਗਿਆ ਨਹੀਂ ਜਾ ਸਕਦਾ, ਜੇ ਗੁਰੂ ਮਿਲ ਪਏ ਤਾਂ ਹੀ ਨਾਮ-ਰੰਗ ਚੜ੍ਹਦਾ ਹੈ।

19652	427	ਗੁਰ ਕੈ ਭੈ ਭਾਇ ਜੋ ਰਤੇ ਸਿਫਤੀ ਸਚਿ ਸਮਾਉ॥੩॥	ਰੱਤੇ	Gur Kai Bhai Bhaae Jo Rathae Sifathee Sach Samaao ||3||	Those who are imbued with the Fear, and the Love of the Guru, are absorbed in the Praise of the True Lord. ||3||	ਜੇਹੜੇ ਮਨੁੱਖ ਗੁਰੂ ਦੇ ਡਰ-ਅਦਬ ਦੀ ਰਾਹੀਂ ਗੁਰੂ ਦੇ ਪ੍ਰੇਮ ਦੀ ਰਾਹੀਂ ਰੰਗੇ ਜਾਂਦੇ ਹਨ, ਸਿਫ਼ਤ-ਸਾਲਾਹ ਦੀ ਬਰਕਤਿ ਨਾਲ ਸਦਾ-ਥਿਰ ਪ੍ਰਭੂ ਵਿਚ ਉਹਨਾਂ ਦੀ ਲੀਨਤਾ ਹੋ ਜਾਂਦੀ ਹੈ ॥੩॥
19653	427	ਭੈ ਬਿਨੁ ਲਾਗਿ ਨ ਲਗਈ ਨਾ ਮਨੁ ਨਿਰਮਲੁ ਹੋਇ॥	(ਲਾਗਿ) ਲਗਨ, ਪ੍ਰੀਤ। ਲੱਗਈ	Bhai Bin Laag N Lagee Naa Man Niramal Hoe ||	Without fear, the cloth is not dyed, and the mind is not rendered pure.	ਡਰ-ਅਦਬ ਤੋਂ ਬਿਨਾ (ਮਨ-ਕੱਪੜੇ ਨੂੰ) ਪਾਹ ਨਹੀਂ ਲੱਗ ਸਕਦੀ (ਪਾਹ ਤੋਂ ਬਿਨਾ ਮਨ-ਕੱਪੜੇ ਨੂੰ ਪੱਕਾ ਪ੍ਰੇਮ-ਰੰਗ ਨਹੀਂ ਚੜ੍ਹਦਾ) ਮਨ ਸਾਫ਼-ਸੁਥਰਾ ਨਹੀਂ ਹੋ ਸਕਦਾ।
19654	427	ਬਿਨੁ ਭੈ ਕਰਮ ਕਮਾਵਣੇ ਝੂਠੇ ਠਾਉ ਨ ਕੋਇ॥੪॥	(ਠਾਉ) ਥਾਂ	Bin Bhai Karam Kamaavanae Jhoothae Thaao N Koe ||4||	Without fear, the performance of rituals is false, and one finds no place of rest. ||4||	ਇਸ ਡਰ-ਅਦਬ ਤੋਂ ਬਿਨਾ (ਮਿਥੇ ਹੋਏ ਧਾਰਮਿਕ) ਕੰਮ ਕੀਤੇ ਭੀ ਜਾਣ ਤਾਂ ਭੀ (ਮਨੁੱਖ ਝੂਠ ਦਾ ਪ੍ਰੇਮੀ ਹੀ ਰਹਿੰਦਾ ਹੈ, ਤੇ ਝੂਠੇ ਨੂੰ (ਪ੍ਰਭੂ ਦੀ ਹਜ਼ੂਰੀ ਵਿਚ) ਥਾਂ ਨਹੀਂ ਮਿਲਦੀ ॥੪॥
19655	427	ਜਿਸ ਨੋ ਆਪੇ ਰੰਗੇ ਸੁ ਰਪਸੀ ਸਤਸੰਗਤਿ ਮਿਲਾਇ॥	(ਰਪ-ਸੀ) ਰੰਗਿਆ ਜਾਂਦਾ	Jis No Aapae Rangae S Rapasee Sathasangath Milaae ||	Only those whom the Lord imbues, are so imbued; they join the Sat Sangat, the True Congregation.	ਸਾਧ ਸੰਧਤਿ ਵਿਚ ਲਿਆ ਕੇ ਜਿਸ ਮਨੁੱਖ (ਦੇ ਮਨ) ਨੂੰ ਪਰਮਾਤਮਾ ਆਪ ਹੀ ਨਾਮ-ਰੰਗ ਚਾੜ੍ਹਦਾ ਹੈ ਉਹੀ ਰੰਗਿਆ ਜਾਇਗਾ।

19656	427	ਪੂਰੇ ਗੁਰ ਤੇ ਸਤਸੰਗਤਿ ਊਪਜੈ ਸਹਜੇ ਸਚਿ ਸੁਭਾਇ॥੫॥	(ਸੁਭਾਇ) ਪ੍ਰੇਮ ਚ	Poorae Gur Thae Sathasangath Oopajai Sehajae Sach Subhaae ||5||	From the Perfect Guru, the Sat Sangat emanates, and one easily merges into the Love of the True One. ||5||	ਸਾਧ ਸੰਗਤਿ ਪੂਰੇ ਗੁਰੂ ਦੀ ਰਾਹੀਂ ਮਿਲਦੀ ਹੈ (ਜਿਸ ਨੂੰ ਮਿਲਦੀ ਹੈ ਉਹ) ਆਤਮਕ ਅਡੋਲਤਾ ਵਿਚ, ਸਦਾ-ਥਿਰ ਪ੍ਰਭੂ ਵਿਚ, ਪ੍ਰਭੂ-ਪ੍ਰੇਮ ਵਿਚ (ਮਸਤ ਰਹਿੰਦਾ ਹੈ) ॥੫॥
19657	427	ਬਿਨੁ ਸੰਗਤੀ ਸਭਿ ਐਸੇ ਰਹਹਿ ਜੈਸੇ ਪਸੁ ਢੋਰ॥	ਸੰਗਤੀਂ	Bin Sangathee Sabh Aisae Rehehi Jaisae Pas Dtor ||	Without the Sangat, the Company of the Holy, all remain like beasts and animals.	ਸਾਧ ਸੰਗਤਿ ਤੋਂ ਬਿਨਾ ਸਾਰੇ ਮਨੁੱਖ ਪਸ਼ੂਆਂ ਵਾਂਗ ਤੁਰੇ ਫਿਰਦੇ ਹਨ,
19658	427	ਜਿਨ੍ਹਿ ਕੀਤੇ ਤਿਸੈ ਨ ਜਾਣਨ੍ਹੀ ਬਿਨੁ ਨਾਵੈ ਸਭਿ ਚੋਰ॥੬॥		Jinih Keethae Thisai N Jaananhee Bin Naavai Sabh Chor ||6||	They do not know the One who created them; without the Name, all are thieves. ||6||	ਜਿਸ ਪਰਮਾਤਮਾ ਨੇ ਉਹਨਾਂ ਨੂੰ ਪੈਦਾ ਕੀਤਾ ਹੈ ਉਸ ਨਾਲ ਸਾਂਝ ਨਹੀਂ ਪਾਂਦੇ, ਉਸ ਦੇ ਨਾਮ ਤੋਂ ਬਿਨਾ ਸਾਰੇ ਉਸ ਦੇ ਚੋਰ ਹਨ ॥੬॥
19659	427	ਇਕਿ ਗੁਣ ਵਿਹਾਝਹਿ ਅਉਗਣ ਵਿਕਣਹਿ ਗੁਰ ਕੈ ਸਹਜਿ ਸੁਭਾਇ॥	(ਵਿਹਾਝਹਿ) ਖ੍ਰੀਦਦੇ। ਔਗੁਣਾਂ ਨੂੰ (ਵਿਕਣਹਿ) ਤਿਆਗੇ ਹਨ। (ਸੁਭਾਇ) ਪ੍ਰੇਮ ਚ	Eik Gun Vihaajhehi Aougan Vikanehi Gur Kai Sehaj Subhaae ||	Some purchase merits and sell off their demerits; through the Guru, they obtain peace and poise.	ਕਈ ਮਨੁੱਖ ਐਸੇ ਭੀ ਹਨ ਜੇਹੜੇ ਗੁਰੂ ਦੀ ਰਾਹੀਂ ਆਤਮਕ ਅਡੋਲਤਾ ਵਿਚ ਟਿਕਦੇ ਹਨ, ਪ੍ਰਭੂ-ਪ੍ਰੇਮ ਵਿਚ ਜੁੜਦੇ ਹਨ, ਉਹ ਪਰਮਾਤਮਾ ਦੇ ਗੁਣ ਖ਼ਰੀਦਦੇ ਹਨ (ਗੁਣਾਂ ਦੇ ਵੱਟੇ) ਉਹਨਾਂ ਦੇ ਔਗੁਣ ਵਿਕ ਜਾਂਦੇ ਹਨ (ਦੂਰ ਹੋ ਜਾਂਦੇ ਹਨ)।

19660	427	ਗੁਰ ਸੇਵਾ ਤੇ ਨਾਉ ਪਾਇਆ ਵੁਠਾ ਅੰਦਰਿ ਆਇ॥੭॥	(ਵੁੱਠਾ) ਵਸੇ	Gur Saevaa Thae Naao Paaeiaa Vuthaa Andhar Aae ||7||	Serving the Guru, they obtain the Name, which comes to dwell deep within. ||7||	ਗੁਰੂ ਦੀ ਦੱਸੀ ਸੇਵਾ ਦੀ ਬਰਕਤਿ ਨਾਲ ਉਹ ਪ੍ਰਭੂ ਦਾ ਨਾਮ-ਸੰਦਾ ਪ੍ਰਾਪਤ ਕਰ ਲੈਂਦੇ ਹਨ, ਪਰਮਾਤਮਾ ਉਹਨਾਂ ਦੇ ਅੰਦਰ ਆ ਵੱਸਦਾ ਹੈ ॥੭॥
19661	427	ਸਭਨਾ ਕਾ ਦਾਤਾ ਏਕੁ ਹੈ ਸਿਰਿ ਧੰਧੈ ਲਾਇ॥	(ਧੰਧੈ) ਆਹਰ	Sabhanaa Kaa Dhaathaa Eaek Hai Sir Dhhandhhai Laae ||	The One Lord is the Giver of all; He assigns tasks to each and every person.	ਪਰਮਾਤਮਾ ਆਪ ਹੀ ਸਭ ਜੀਵਾਂ ਨੂੰ ਸਭ ਕੁਝ ਦੇਣ ਵਾਲਾ ਹੈ, ਉਹ ਆਪ ਹੀ ਹਰੇਕ ਜੀਵ ਨੂੰ ਧੰਧੇ ਵਿਚ ਲਾਂਦਾ ਹੈ।
19662	427	ਨਾਨਕ ਨਾਮੇ ਲਾਇ ਸਵਾਰਿਅਨੁ ਸਬਦੇ ਲਏ ਮਿਲਾਇ॥੮॥੯॥੩੧॥		Naanak Naamae Laae Savaarian Sabadhae Leae Milaae ||8||9||31||	O Nanak, the Lord embellishes us with the Name; attached to the Word of the Shabad, we are merged into Him. ||8||9||31||	ਹੇ ਨਾਨਕ! ਉਸ ਨੇ ਆਪ ਹੀ ਆਪਣੇ ਨਾਮ ਵਿਚ ਜੋੜ ਕੇ ਜੀਵਾਂ ਦੇ ਜੀਵਨ ਸੋਹਣੇ ਬਣਾਏ ਹਨ ਉਸ ਨੇ ਆਪ ਹੀ ਗੁਰੂ ਦੇ ਸ਼ਬਦ ਦੀ ਰਾਹੀਂ ਜੀਵਾਂ ਨੂੰ ਆਪਣੇ ਚਰਨਾਂ ਵਿਚ ਜੋੜਿਆ ਹੈ ॥੮॥੯॥੩੧॥
19663	427	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
19664	427	ਸਭ ਨਾਵੈ ਨੋ ਲੋਚਦੀ ਜਿਸੁ ਕ੍ਰਿਪਾ ਕਰੇ ਸੋ ਪਾਏ॥		Sabh Naavai No Lochadhee Jis Kirapaa Karae So Paaeae ||	Everyone longs for the Name, but he alone receives it, unto whom the Lord shows His Mercy.	ਸਾਰੀ ਲੁਕਾਈ ਹਰਿ-ਨਾਮ ਵਾਸਤੇ ਤਾਂਘ ਕਰਦੀ ਹੈ, ਪਰ ਉਹੀ ਮਨੁੱਖ ਹਰਿ-ਨਾਮ ਪ੍ਰਾਪਤ ਕਰਦਾ ਹੈ ਜਿਸ ਉਤੇ ਪ੍ਰਭੂ ਆਪ ਮੇਹਰ ਕਰਦਾ ਹੈ।

19665	427	ਬਿਨੁ ਨਾਵੈ ਸਭੁ ਦੁਖੁ ਹੈ ਸੁਖੁ ਤਿਸੁ ਜਿਸੁ ਮੰਨਿ ਵਸਾਏ॥੧॥		Bin Naavai Sabh Dhukh Hai Sukh This Jis Mann Vasaaeae ||1||	Without the Name, there is only pain; he alone obtains peace, whose mind is filled with the Name. ||1||	ਹਰਿ-ਨਾਮ ਤੋਂ ਖੁੰਝਿਆਂ (ਜਗਤ ਵਿਚ) ਨਿਰਾ ਦੁੱਖ ਹੀ ਦੁੱਖ ਹੈ, ਸੁਖ ਸਿਰਫ਼ ਉਸ ਨੂੰ ਹੈ ਜਿਸ ਦੇ ਮਨ ਵਿਚ ਪ੍ਰਭੂ ਆਪਣਾ ਨਾਮ ਵਸਾਂਦਾ ਹੈ ॥੧॥
19666	427	ਤੂੰ ਬੇਅੰਤੁ ਦਇਆਲੁ ਹੈ ਤੇਰੀ ਸਰਣਾਈ॥		Thoon Baeanth Dhaeiaal Hai Thaeree Saranaaee ||	You are infinite and merciful; I seek Your Sanctuary.	ਹੇ ਪ੍ਰਭੂ! ਤੂੰ ਬੇਅੰਤ ਹੈਂ, ਤੂੰ ਦਇਆ ਦਾ ਸੋਮਾ ਹੈਂ, ਮੈਂ ਤੇਰੀ ਸਰਨ ਆਇਆ ਹਾਂ।
19667	427	ਗੁਰ ਪੂਰੇ ਤੇ ਪਾਈਐ ਨਾਮੇ ਵਡਿਆਈ॥੧॥ਰਹਾਉ॥		Gur Poorae Thae Paaeeai Naamae Vaddiaaee ||1|| Rehaao ||	From the Perfect Guru, the glorious greatness of the Naam is obtained. ||1||Pause||	ਤੇਰਾ ਨਾਮ ਪੂਰੇ ਗੁਰੂ ਪਾਸੋਂ ਮਿਲਦਾ ਹੈ ਤੇ ਤੇਰੇ ਨਾਮ ਦੀ ਬਰਕਤਿ ਨਾਲ (ਲੋਕ ਪਰਲੋਕ ਵਿਚ) ਆਦਰ ਮਿਲਦਾ ਹੈ ॥੧॥ ਰਹਾਉ ॥
19668	427	ਅੰਤਰਿ ਬਾਹਰਿ ਏਕੁ ਹੈ ਬਹੁ ਬਿਧਿ ਸ੍ਰਿਸਟਿ ਉਪਾਈ॥		Anthar Baahar Eaek Hai Bahu Bidhh Srisatt Oupaaee ||	Inwardly and outwardly, there is only the One Lord. He has created the world, with its many varieties.	ਪਰਮਾਤਮਾ ਨੇ ਇਹ ਕਈ ਰੰਗਾਂ ਦੀ ਦੁਨੀਆ ਪੈਦਾ ਕੀਤੀ ਹੋਈ ਹੈ, ਹਰੇਕ ਦੇ ਅੰਦਰ ਤੇ ਸਾਰੀ ਦੁਨੀਆ ਵਿਚ ਉਹ ਆਪ ਹੀ ਵੱਸਦਾ ਹੈ।
19669	427	ਹੁਕਮੇ ਕਾਰ ਕਰਾਇਦਾ ਦੂਜਾ ਕਿਸੁ ਕਹੀਐ ਭਾਈ॥੨॥		Hukamae Kaar Karaaeidhaa Dhoojaa Kis Keheeai Bhaaee ||2||	According to the Order of His Will, He makes us act. What else can we talk about, O Siblings of Destiny? ||2||	ਪ੍ਰਭੂ ਆਪਣੇ ਹੁਕਮ ਅਨੁਸਾਰ ਹੀ ਸਭ ਜੀਵਾਂ ਪਾਸੋਂ ਕੰਮ ਕਰਾਂਦਾ ਹੈ, ਕੋਈ ਹੋਰ ਅਜੇਹੀ ਸਮਰਥਾ ਵਾਲਾ ਨਹੀਂ ਹੈ ॥੨॥

19670	427	ਬੁਝਣਾ ਅਬੁਝਣਾ ਤੁਧੁ ਕੀਆ ਇਹ ਤੇਰੀ ਸਿਰਿਕਾਰ॥	(ਬੁੱਝਣਾ) ਗਿਆਨ। (ਅ-ਬੁੱਝਣਾ) ਅਗਿਆਨ। (ਸਿਰਿਕਾਰ) ਪਾਤਿਸ਼ਾਹੀ	Bujhanaa Abujhanaa Thudhh Keeaa Eih Thaeree Sir Kaar ||	Knowledge and ignorance are all your making; You have control over these.	ਹੇ ਪ੍ਰਭੂ! ਸਮਝ ਤੇ ਬੇ-ਸਮਝੀ ਇਹ ਖੇਡ ਤੂੰ ਹੀ ਰਚੀ ਹੈ, ਹਰੇਕ ਜੀਵ ਦੇ ਸਿਰ ਉਤੇ ਤੇਰੀ ਹੀ ਫ਼ੁਰਮਾਈ ਹੋਈ ਕਰਨ-ਜੋਗ ਕਾਰ ਹੈ (ਤੇਰੇ ਹੀ ਹੁਕਮ ਵਿਚ ਕੋਈ ਸਮਝ ਵਾਲਾ ਤੇ ਕੋਈ ਬੇ-ਸਮਝੀ ਵਾਲਾ ਕੰਮ ਕਰਦਾ ਹੈ)।
19671	427	ਇਕਨ੍ਹਾ ਬਖਸਿਹਿ ਮੇਲਿ ਲੈਹਿ ਇਕਿ ਦਰਗਹ ਮਾਰਿ ਕਢੇ ਕੂੜਿਆਰ॥੩॥	ਬਖਸਿਹਿ	Eikanhaa Bakhasihi Mael Laihi Eik Dharageh Maar Kadtae Koorriaar ||3||	Some, You forgive, and unite with Yourself; while others, the wicked, you strike down and drive out of Your Court. ||3||	ਕਈ ਜੀਵਾਂ ਉਤੇ ਤੂੰ ਬਖ਼ਸ਼ਸ਼ ਕਰਦਾ ਹੈਂ (ਤੇ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈਂ) ਕਈ ਮਾਇਆ-ਵੇੜ੍ਹੇ ਜੀਵਾਂ ਨੂੰ ਆਪਣੀ ਹਜ਼ੂਰੀ ਵਿਚੋਂ ਧੱਕੇ ਮਾਰ ਕੇ ਬਾਹਰ ਕੱਢ ਦੇਂਦਾ ਹੈਂ ॥੩॥
19672	427	ਇਕਿ ਧੁਰਿ ਪਵਿਤ ਪਾਵਨ ਹਹਿ ਤੁਧੁ ਨਾਮੇ ਲਾਏ॥		Eik Dhhur Pavith Paavan Hehi Thudhh Naamae Laaeae ||	Some, from the very beginning, are pure and pious; You attach them to Your Name.	ਹੇ ਪ੍ਰਭੂ! ਕਈ ਐਸੇ ਹਨ ਜਿਨ੍ਹਾਂ ਨੂੰ ਤੂੰ ਧੁਰੋਂ ਹੀ ਪਵਿਤ੍ਰ ਜੀਵਨ ਵਾਲੇ ਬਣਾ ਦਿੱਤਾ ਹੈ, ਤੂੰ ਉਹਨਾਂ ਨੂੰ ਆਪਣੇ ਨਾਮ ਵਿਚ ਜੋੜਿਆ ਹੋਇਆ ਹੈ।
19673	427	ਗੁਰ ਸੇਵਾ ਤੇ ਸੁਖੁ ਊਪਜੈ ਸਚੈ ਸਬਦਿ ਬੁਝਾਏ॥੪॥	ਬੁੱਝਾਏ	Gur Saevaa Thae Sukh Oopajai Sachai Sabadh Bujhaaeae ||4||	Serving the Guru, peace wells up; through the True Word of the Shabad, one comes to understand. ||4||	ਗੁਰੂ ਦੀ ਦੱਸੀ ਸੇਵਾ ਤੋਂ ਉਹਨਾਂ ਨੂੰ ਆਤਮਕ ਆਨੰਦ ਮਿਲਦਾ ਹੈ। ਗੁਰੂ ਉਹਨਾਂ ਨੂੰ ਸਦਾ-ਥਿਰ ਹਰਿ-ਨਾਮ ਵਿਚ ਜੋੜ ਕੇ (ਸਹੀ ਜੀਵਨ ਦੀ) ਸਮਝ ਬਖ਼ਸ਼ਦਾ ਹੈ ॥੪॥

19674	427	ਇਕਿ ਕੁਚਲ ਕੁਚੀਲ ਵਿਖਲੀ ਪਤੇ ਨਾਵਹੁ ਆਪਿ ਖੁਆਏ॥	(ਕੁਚ-ਲ) ਖੋਟੀ ਚਾਲ ਵਾਲੇ। (ਕੁਚੀਲ) ਅਪਵਿੱਤ੍ਰ। (ਵਿਖਲੀ) ਵੇਸਵਾ। (ਪਤੇ) ਪਤੀ। (ਆਪਿ) ਹੰਕਾਰ ਨੇ (ਖੁਆਏ) ਖੁੰਝਾਏ। ਨਾਵਹੁ: ਪੋਲੇ ਬੋਲੋ	Eik Kuchal Kucheel Vikhalee Pathae Naavahu Aap Khuaaeae ||	Some are crooked, filthy and vicious; the Lord Himself has led them astray from the Name.	ਕਈ ਐਸੇ ਮਨੁੱਖ ਹਨ ਜੋ ਕੁਚੱਲਣੇ ਹਨ ਗੰਦੇ ਹਨ ਦੁਰਾਚਾਰੀ ਹਨ, ਜਿਹਨਾਂ ਨੂੰ ਪਰਮਾਤਮਾ ਨੇ ਆਪਣੇ ਨਾਮ ਵਲੋਂ ਖੁੰਝਾ ਰੱਖਿਆ ਹੈ,
19675	427	ਨਾ ਓਨ ਸਿਧਿ ਨ ਬੁਧਿ ਹੈ ਨ ਸੰਜਮੀ ਫਿਰਹਿ ਉਤਵਤਾਏ॥੫॥	(ਓਨ) ਉਨ੍ਹਾਂ ਨੂੰ। (ਸਿੱਧਿ) ਸਫਲਤਾ। (ਬੁੱਧਿ) ਸਮਝ। (ਸੰਜਮੀ) ਚੰਗੀ ਰਹਿਣੀ ਵਾਲੇ। (ਉਤਵ-ਤਾਏ) ਪੁਠੇ ਕੰਮਾਂ ਚ	Naa Oun Sidhh N Budhh Hai N Sanjamee Firehi Outhavathaaeae ||5||	They have no intuition, no understanding and no self-discipline; they wander around delirious. ||5||	ਉਹਨਾਂ ਜ਼ਿੰਦਗੀ ਵਿਚ ਕਾਮਯਾਬੀ ਨਹੀਂ ਖੱਟੀ, ਚੰਗੀ ਅਕਲ ਨਹੀਂ ਸਿੱਖੀ, ਉਹ ਚੰਗੀ ਰਹਿਣੀ ਵਾਲੇ ਨਹੀਂ ਬਣੇ, ਡਾਵਾਂ ਡੋਲ ਭਟਕਦੇ ਫਿਰਦੇ ਹਨ ॥੫॥
19676	427	ਨਦਰਿ ਕਰੇ ਜਿਸੁ ਆਪਣੀ ਤਿਸ ਨੋ ਭਾਵਨੀ ਲਾਏ॥	(ਭਾਵਨੀ) ਪ੍ਰੇਮ	Nadhar Karae Jis Aapanee This No Bhaavanee Laaeae ||	He grants faith to those whom He has blessed with His Glance of Grace.	ਜਿਸ ਮਨੁੱਖ ਉਤੇ ਪ੍ਰਭੂ ਮੇਹਰ ਦੀ ਨਿਗਾਹ ਕਰਦਾ ਹੈ ਉਸ ਦੇ ਅੰਦਰ ਆਪਣੇ ਨਾਮ ਦੀ ਸਰਧਾ ਪੈਦਾ ਕਰਦਾ ਹੈ,
19677	427	ਸਤੁ ਸੰਤੋਖੁ ਇਹ ਸੰਜਮੀ ਮਨੁ ਨਿਰਮਲੁ ਸਬਦੁ ਸੁਣਾਏ॥੬॥		Sath Santhokh Eih Sanjamee Man Niramal Sabadh Sunaaeae ||6||	This mind finds truth, contentment and self-discipline, hearing the Immaculate Word of the Shabad. ||6||	ਉਸ ਨੂੰ (ਗੁਰੂ ਦੀ ਰਾਹੀਂ ਆਪਣੀ ਸਿਫ਼ਤ-ਸਾਲਾਹ ਦਾ) ਪਵਿਤ੍ਰ ਸ਼ਬਦ ਸੁਣਾਂਦਾ ਹੈ ਜਿਸ ਨਾਲ ਉਹ ਸੇਵਾ ਕਰਨ ਤੇ ਸੰਤੋਖ ਧਾਰਨ ਵਾਲੀ ਰਹਿਣੀ ਵਾਲਾ ਬਣ ਜਾਂਦਾ ਹੈ ॥੬॥

19678	427	ਲੇਖਾ ਪੜਿ ਨ ਪਹੂਚੀਐ ਕਥਿ ਕਹਣੈ ਅੰਤੁ ਨ ਪਾਇ॥	ਪੜ੍ਹਿ	Laekhaa Parr N Pehoocheeai Kathh Kehanai Anth N Paae ||	By reading books, one cannot reach Him; by speaking and talking, His limits cannot be found.	ਹਿਸਾਬ ਕਰ ਕੇ (ਪ੍ਰਭੂ ਦੇ ਗੁਣਾਂ ਦੇ ਅਖ਼ੀਰ ਤਕ) ਪਹੁੰਚ ਨਹੀਂ ਸਕੀਦਾ, ਉਸ ਦੇ ਗੁਣ ਗਿਣ ਗਿਣ ਕੇ ਬਿਆਨ ਕਰ ਕਰ ਕੇ ਗੁਣਾਂ ਦੀ ਗਿਣਤੀ ਮੁਕਾ ਨਹੀਂ ਸਕੀਦੀ।
19679	427	ਗੁਰ ਤੇ ਕੀਮਤਿ ਪਾਈਐ ਸਚਿ ਸਬਦਿ ਸੋਝੀ ਪਾਇ॥੭॥		Gur Thae Keemath Paaeeai Sach Sabadh Sojhee Paae ||7||	Through the Guru, His value is found; through the True Word of the Shabad, understanding is obtained. ||7||	ਉਸ ਪ੍ਰਭੂ ਦੀ ਕਦਰ-ਕੀਮਤਿ ਗੁਰੂ ਪਾਸੋਂ ਮਿਲਦੀ ਹੈ (ਕਿ ਉਹ ਬੇਅੰਤ ਹੈ ਬੇਅੰਤ ਹੈ)। ਗੁਰੂ ਆਪਣੇ ਸ਼ਬਦ ਵਿਚ ਜੋੜਦਾ ਹੈ, ਗੁਰੂ ਸਦਾ-ਥਿਰ ਹਰਿ-ਨਾਮ ਵਿਚ ਜੋੜਦਾ ਹੈ, ਤੇ ਸੂਝ ਬਖ਼ਸ਼ਦਾ ਹੈ ॥੭॥
19680	427	ਇਹੁ ਮਨੁ ਦੇਹੀ ਸੋਧਿ ਤੂੰ ਗੁਰ ਸਬਦਿ ਵੀਚਾਰਿ॥		Eihu Man Dhaehee Sodhh Thoon Gur Sabadh Veechaar ||	So reform this mind and body, by contemplating the Word of the Guru's Shabad.	ਤੂੰ ਆਪਣੇ ਇਸ ਮਨ ਨੂੰ ਖੋਜ, ਆਪਣੇ ਸਰੀਰ ਨੂੰ ਖੋਜ, ਗੁਰੂ ਦੇ ਸ਼ਬਦ ਵਿਚ ਜੁੜ ਕੇ ਵਿਚਾਰ ਕਰ!
19681	427	ਨਾਨਕ ਇਸੁ ਦੇਹੀ ਵਿਚਿ ਨਾਮੁ ਨਿਧਾਨੁ ਹੈ ਪਾਈਐ ਗੁਰ ਕੈ ਹੇਤਿ ਅਪਾਰਿ॥੮॥੧੦॥੩੨॥	(ਹੇਤਿ) ਪ੍ਰੇਮ ਰਾਹੀਂ (ਅਪਾਰਿ) ਬੇਅੰਤ ਵਾਹਿਗੁਰੂ ਜੀ ਨੂੰ	Naanak Eis Dhaehee Vich Naam Nidhhaan Hai Paaeeai Gur Kai Haeth Apaar ||8||10||32||	O Nanak, within this body is the treasure of the Naam, the Name of the Lord; it is found through the Love of the Infinite Guru. ||8||10||32||	ਹੇ ਨਾਨਕ! ਸਾਰੇ ਸੁਖਾਂ ਦਾ ਖ਼ਜ਼ਾਨਾ ਹਰਿ-ਨਾਮ ਸਰੀਰ ਦੇ ਵਿਚ ਹੀ ਹੈ। ਗੁਰੂ ਦੀ ਅਪਾਰ ਮੇਹਰ ਨਾਲ ਹੀ ਮਿਲਦਾ ਹੈ ॥੮॥੧੦॥੩੨॥

19682	427	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
19683	427	ਸਚਿ ਰਤੀਆ ਸੋਹਾਗਣੀ ਜਿਨਾ ਗੁਰ ਕੈ ਸਬਦਿ ਸੀਗਾਰਿ॥	ਰੱਤੀਆਂ	Sach Ratheeaa Sohaaganee Jinaa Gur Kai Sabadh Seegaar ||	The happy soul-brides are imbued with Truth; they are adorned with the Word of the Guru's Shabad.	ਜਿਨ੍ਹਾਂ ਸੁਹਾਗਣ ਜੀਵ-ਇਸਤ੍ਰੀਆਂ ਨੇ ਗੁਰੂ ਦੇ ਸ਼ਬਦ ਦੀ ਰਾਹੀਂ ਆਪਣਾ ਜੀਵਨ ਸੋਹਣਾ ਬਣਾ ਲਿਆ, ਉਹ ਸਦਾ-ਥਿਰ ਪ੍ਰਭੂ ਦੇ ਨਾਮ-ਰੰਗ ਵਿਚ ਰੰਗੀਆਂ ਗਈਆਂ;
19684	428	ਘਰ ਹੀ ਸੋ ਪਿਰੁ ਪਾਇਆ ਸਚੈ ਸਬਦਿ ਵੀਚਾਰਿ॥੧॥		Ghar Hee So Pir Paaeiaa Sachai Sabadh Veechaar ||1||	They find their Husband Lord within their own home, contemplating the True Word of the Shabad. ||1||	ਸਦਾ-ਥਿਰ ਹਰੀ ਦੀ ਸਿਫ਼ਤ-ਸਾਲਾਹ ਵਾਲੇ ਗੁਰ-ਸ਼ਬਦ ਦੀ ਰਾਹੀਂ (ਪ੍ਰਭੂ ਦੇ ਗੁਣਾਂ ਨੂੰ) ਵਿਚਾਰ ਕੇ ਉਹਨਾਂ ਨੇ ਪ੍ਰਭੂ-ਪਤੀ ਨੂੰ ਆਪਣੇ ਹਿਰਦੇ-ਘਰ ਵਿਚ ਹੀ ਲੱਭ ਲਿਆ ॥੧॥
19685	428	ਅਵਗਣ ਗੁਣੀ ਬਖਸਾਇਆ ਹਰਿ ਸਿਉ ਲਿਵ ਲਾਈ॥	ਗੁਣੀ ਵਾਹਿਗੁਰੂ ਜੀ ਤੋਂ ਅਪਣੇ ਅਵਗਣ (ਬਖਸਾਇਆ) ਬਖ਼ਸ਼ਾਏ	Avagan Gunee Bakhasaaeiaa Har Sio Liv Laaee ||	Through merits, their demerits are forgiven, and they embrace love for the Lord.	ਜਿਸ ਜੀਵ-ਇਸਤ੍ਰੀ ਨੇ ਪਰਮਾਤਮਾ ਦੇ ਚਰਨਾਂ ਵਿਚ ਸੁਰਤ ਜੋੜ ਲਈ ਉਸ ਨੇ ਆਪਣੇ (ਪਹਿਲੇ ਕੀਤੇ) ਔਗੁਣ ਗੁਣਾਂ ਦੀ ਬਰਕਤ ਨਾਲ ਬਖ਼ਸ਼ਵਾ ਲਏ,
19686	428	ਹਰਿ ਵਰੁ ਪਾਇਆ ਕਾਮਣੀ ਗੁਰਿ ਮੇਲਿ ਮਿਲਾਈ॥੧॥ਰਹਾਉ ॥		Har Var Paaeiaa Kaamanee Gur Mael Milaaee ||1|| Rehaao ||	The soul-bride then obtains the Lord as her Husband; meeting the Guru, this union comes about. ||1||Pause||	ਉਸ ਜੀਵ-ਇਸਤ੍ਰੀ ਨੇ ਪ੍ਰਭੂ-ਪਤੀ ਦਾ ਮਿਲਾਪ ਹਾਸਲ ਕਰ ਲਿਆ, ਗੁਰੂ ਨੇ ਉਸ ਨੂੰ ਪ੍ਰਭੂ-ਚਰਨਾਂ ਵਿਚ ਜੋੜ ਦਿੱਤਾ ॥੧॥ ਰਹਾਉ ॥

19687	428	ਇਕਿ ਪਿਰੁ ਹਦੂਰਿ ਨ ਜਾਣਨੀ ਦੂਜੈ ਭਰਮਿ ਭੁਲਾਇ॥		Eik Pir Hadhoor N Jaananhee Dhoojai Bharam Bhulaae ||	Some do not know the Presence of their Husband Lord; they are deluded by duality and doubt.	ਜੇਹੜੀਆਂ ਜੀਵ-ਇਸਤ੍ਰੀਆਂ ਮਾਇਆ ਦੀ ਭਟਕਣਾ ਦੇ ਕਾਰਨ ਕੁਰਾਹੇ ਪੈ ਕੇ ਪ੍ਰਭੂ-ਪਤੀ ਨੂੰ ਅੰਗ-ਸੰਗ ਵੱਸਦਾ ਨਹੀਂ ਸਮਝਦੀਆਂ,
19688	428	ਕਿਉ ਪਾਇਨਿ ਡੋਹਾਗਣੀ ਦੁਖੀ ਰੈਣਿ ਵਿਹਾਇ॥੨॥	(ਡੋਹਾਗਣੀ) ਖੋਟੇ ਕਰਮਾਂ ਵਾਲੀ	Kio Paaeinih Ddohaaganee Dhukhee Rain Vihaae ||2||	How can the forsaken brides meet Him? Their life night passes in pain. ||2||	ਉਹ ਮੰਦ-ਭਾਗਣਾਂ ਪ੍ਰਭੂ-ਪਤੀ ਨੂੰ ਨਹੀਂ ਮਿਲ ਸਕਦੀਆਂ, ਉਹਨਾਂ ਦੀ (ਜ਼ਿੰਦਗੀ ਦੀ ਸਾਰੀ) ਰਾਤ ਦੁੱਖਾਂ ਵਿਚ ਹੀ ਬੀਤ ਜਾਂਦੀ ਹੈ ॥੨॥
19689	428	ਜਿਨ ਕੈ ਮਨਿ ਸਚੁ ਵਸਿਆ ਸਚੀ ਕਾਰ ਕਮਾਇ॥		Jin Kai Man Sach Vasiaa Sachee Kaar Kamaae ||	Those whose minds are filled with the True Lord, perform truthful actions.	ਸਦਾ-ਥਿਰ ਹਰੀ ਦੀ ਸਿਫ਼ਤ-ਸਾਲਾਹ ਦੀ ਕਾਰ ਕਮਾ ਕੇ ਜਿਨ੍ਹਾਂ ਦੇ ਮਨ ਵਿਚ ਸਦਾ-ਥਿਰ ਹਰੀ ਆ ਵੱਸਦਾ ਹੈ,
19690	428	ਅਨ ਦਿਨੁ ਸੇਵਹਿ ਸਹਜ ਸਿਉ ਸਚੇ ਮਾਹਿ ਸਮਾਇ॥੩॥		Anadhin Saevehi Sehaj Sio Sachae Maahi Samaae ||3||	Night and day, they serve the Lord with poise, and are absorbed in the True Lord. ||3||	ਉਹ ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਲੀਨ ਹੋ ਕੇ ਆਤਮਕ ਅਡੋਲਤਾ ਨਾਲ ਹਰ ਵੇਲੇ ਉਸ ਪ੍ਰਭੂ ਦੀ ਸੇਵਾ-ਭਗਤੀ ਕਰਦੀਆਂ ਰਹਿੰਦੀਆਂ ਹਨ ॥੩॥

19691	428	ਦੋਹਾਗਣੀ ਭਰਮਿ ਭੁਲਾਈਆ ਕੂੜੁ ਬੋਲਿ ਬਿਖੁ ਖਾਹਿ॥		Dhohaaganee Bharam Bhulaaeeaa Koorr Bol Bikh Khaahi ||	The forsaken brides wander around, deluded by doubt; telling lies, they eat poison.	ਮੰਦ-ਭਾਗਣ ਜੀਵ-ਇਸਤ੍ਰੀਆਂ ਮਾਇਆ ਦੀ ਭਟਕਣਾ ਦੇ ਕਾਰਨ ਕੁਰਾਹੇ ਪੈ ਜਾਂਦੀਆਂ ਹਨ ਉਹ (ਮਾਇਆ ਦੇ ਮੋਹ ਵਾਲਾ ਹੀ) ਵਿਅਰਥ-ਬੋਲ ਬੋਲ ਕੇ (ਮਾਇਆ ਦੇ ਮੋਹ ਦਾ) ਜ਼ਹਰ ਖਾਂਦੀਆਂ ਰਹਿੰਦੀਆਂ ਹਨ (ਜੋ ਉਹਨਾਂ ਦੇ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ)।
19692	428	ਪਿਰੁ ਨ ਜਾਣਨਿ ਆਪਣਾ ਸੁੰਞੀ ਸੇਜ ਦੁਖੁ ਪਾਹਿ॥੪॥	(ਸੁੰਞੀ) ਖਾਲੀ	Pir N Jaanan Aapanaa Sunnjee Saej Dhukh Paahi ||4||	They do not know their Husband Lord, and upon their deserted bed, they suffer in misery. ||4||	ਉਹ ਕਦੇ ਆਪਣੇ ਪ੍ਰਭੂ ਨਾਲ ਡੂੰਘੀ ਸਾਂਝ ਨਹੀਂ ਪਾਂਦੀਆਂ, ਉਹਨਾਂ ਦੇ ਹਿਰਦੇ ਦੀ ਸੇਜ ਸਦਾ ਖ਼ਾਲੀ ਪਈ ਰਹਿੰਦੀ ਹੈ, ਇਸ ਵਾਸਤੇ ਉਹ ਦੁੱਖ ਹੀ ਪਾਂਦੀਆਂ ਰਹਿੰਦੀਆਂ ਹਨ ॥੪॥
19693	428	ਸਚਾ ਸਾਹਿਬੁ ਏਕੁ ਹੈ ਮਤੁ ਮਨ ਭਰਮਿ ਭੁਲਾਹਿ॥		Sachaa Saahib Eaek Hai Math Man Bharam Bhulaahi ||	The True Lord is the One and only; do not be deluded by doubt, O my mind.	ਹੇ ਮੇਰੇ ਮਨ! ਮਤਾਂ ਕਿਤੇ ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਪੈ ਜਾਏਂ (ਚੇਤਾ ਰੱਖ) ਸਦਾ ਕਾਇਮ ਰਹਿਣ ਵਾਲਾ ਸਿਰਫ਼ ਮਾਲਕ-ਪ੍ਰਭੂ ਹੀ ਹੈ।
19694	428	ਗੁਰ ਪੂਛਿ ਸੇਵਾ ਕਰਹਿ ਸਚੁ ਨਿਰਮਲੁ ਮੰਨਿ ਵਸਾਹਿ॥੫॥		Gur Pooshh Saevaa Karehi Sach Niramal Mann Vasaahi ||5||	Consult with the Guru, serve the True Lord, and enshrine the Immaculate Truth within your mind. ||5||	ਜੇ ਤੂੰ ਗੁਰੂ ਦੀ ਸਿੱਖਿਆ ਲੈ ਕੇ ਉਸ ਦੀ ਸੇਵਾ-ਭਗਤੀ ਕਰੇਂਗਾ, ਤਾਂ ਉਸ ਸਦਾ-ਥਿਰ ਪਵਿਤ੍ਰ ਪ੍ਰਭੂ ਨੂੰ ਆਪਣੇ ਅੰਦਰ ਵਸਾ ਲਏਂਗਾ ॥੫॥

19695	428	ਸੋਹਾਗਣੀ ਸਦਾ ਪਿਰੁ ਪਾਇਆ ਹਉਮੈ ਆਪੁ ਗਵਾਇ॥		Sohaaganee Sadhaa Pir Paaeiaa Houmai Aap Gavaae ||	The happy soul-bride always finds her Husband Lord; she banishes egotism and self-conceit.	ਚੰਗੇ ਭਾਗਾਂ ਵਾਲੀ ਜੀਵ-ਇਸਤ੍ਰੀ ਆਪਣੇ ਅੰਦਰੋਂ ਹਉਮੈ ਗਵਾ ਕੇ ਸਦਾ-ਥਿਰ ਪ੍ਰਭੂ-ਪਤੀ ਨੂੰ ਮਿਲ ਪੈਂਦੀ ਹੈ,
19696	428	ਪਿਰ ਸੇਤੀ ਅਨ ਦਿਨੁ ਗਹਿ ਰਹੀ ਸਚੀ ਸੇਜ ਸੁਖੁ ਪਾਇ॥੬॥	(ਗਹਿ) ਜੁੜੀ	Pir Saethee Anadhin Gehi Rehee Sachee Saej Sukh Paae ||6||	She remains attached to her Husband Lord, night and day, and she finds peace upon His Bed of Truth. ||6||	ਉਹ ਹਰ ਵੇਲੇ ਪ੍ਰਭੂ-ਪਤੀ ਦੇ ਚਰਨਾਂ ਨਾਲ ਜੁੜੀ ਰਹਿੰਦੀ ਹੈ, ਉਸ (ਦੇ ਹਿਰਦੇ) ਦੀ ਸੇਜ ਅਡੋਲ ਹੋ ਜਾਂਦੀ ਹੈ ਉਹ ਸਦਾ ਆਤਮਕ ਆਨੰਦ ਮਾਣਦੀ ਹੈ ॥੬॥
19697	428	ਮੇਰੀ ਮੇਰੀ ਕਰਿ ਗਏ ਪਲੈ ਕਿਛੁ ਨ ਪਾਇ॥	ਪੱਲੈ	Maeree Maeree Kar Geae Palai Kishh N Paae ||	Those who shouted, ""Mine, mine!"" have departed, without obtaining anything.	ਜੇਹੜੇ ਬੰਦੇ ਇਹੀ ਆਖਦੇ ਆਖਦੇ ਜਗਤ ਤੋਂ ਚਲੇ ਗਏ ਕਿ ਇਹ ਮੇਰੀ ਮਾਇਆ ਹੈ ਇਹ ਮੇਰੀ ਮਲਕੀਅਤ ਹੈ ਉਹਨਾਂ ਦੇ ਹੱਥ-ਪੱਲੇ ਕੁਝ ਭੀ ਨਾਹ ਪਿਆ।
19698	428	ਮਹਲੁ ਨਾਹੀ ਡੋਹਾਗਣੀ ਅੰਤਿ ਗਈ ਪਛੁਤਾਇ॥੭॥		Mehal Naahee Ddohaaganee Anth Gee Pashhuthaae ||7||	The separated one does not obtain the Mansion of the Lord's Presence, and departs, repenting in the end. ||7||	ਮੰਦ-ਭਾਗਣ ਜੀਵ-ਇਸਤ੍ਰੀ ਨੂੰ ਪਰਮਾਤਮਾ ਦੇ ਚਰਨਾਂ ਵਿਚ ਟਿਕਾਣਾ ਨਹੀਂ ਮਿਲਦਾ, ਉਹ ਦੁਨੀਆ ਤੋਂ ਆਖ਼ਰ ਹੱਥ ਮਲਦੀ ਹੀ ਜਾਂਦੀ ਹੈ ॥੭॥

19699	428	ਸੋ ਪਿਰੁ ਮੇਰਾ ਏਕੁ ਹੈ ਏਕਸੁ ਸਿਉ ਲਿਵ ਲਾਇ ॥		So Pir Maeraa Eaek Hai Eaekas Sio Liv Laae ||	That Husband Lord of mine is the One and only; I am in love with the One alone.	ਹੇ ਜੀਵ-ਇਸਤ੍ਰੀ! ਸਦਾ ਕਾਇਮ ਰਹਿਣ ਵਾਲਾ ਪ੍ਰਭੂ-ਪਤੀ ਸਿਰਫ਼ ਇੱਕ ਹੀ ਹੈ, ਉਸ ਇੱਕ ਦੇ ਚਰਨਾਂ ਵਿਚ ਸੁਰਤਿ ਜੋੜੀ ਰੱਖ।
19700	428	ਨਾਨਕ ਜੇ ਸੁਖੁ ਲੋੜਹਿ ਕਾਮਣੀ ਹਰਿ ਕਾ ਨਾਮੁ ਮੰਨਿ ਵਸਾਇ॥੮॥੧੧॥੩੩॥		Naanak Jae Sukh Lorrehi Kaamanee Har Kaa Naam Mann Vasaae ||8||11||33||	O Nanak, if the soul-bride longs for peace, she should enshrine the Lord's Name within her mind. ||8||11||33||	ਹੇ ਨਾਨਕ! (ਆਖ-) ਹੇ ਜੀਵ-ਇਸਤ੍ਰੀ! ਜੇ ਤੂੰ ਸੁਖ ਹਾਸਲ ਕਰਨਾ ਚਾਹੁੰਦੀ ਹੈਂ ਤਾਂ ਉਸ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਈ ਰੱਖ ॥੮॥੧੧॥੩੩॥
19701	428	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
19702	428	ਅੰਮ੍ਰਿਤੁ ਜਿਨ੍ਹਾ ਚਖਾਇਓਨੁ ਰਸੁ ਆਇਆ ਸਹਜਿ ਸੁਭਾਇ॥		Anmrith Jinhaa Chakhaaeioun Ras Aaeiaa Sehaj Subhaae ||	Those whom the Lord has caused to drink in the Ambrosial Nectar, naturally, intuitively, enjoy the sublime essence.	ਜਿਨ੍ਹਾਂ ਨੂੰ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪਰਮਾਤਮਾ ਨੇ (ਗੁਰੂ ਦੀ ਰਾਹੀਂ) ਆਪ ਚਖਾਇਆ, ਉਹਨਾਂ ਨੂੰ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਟਿਕ ਕੇ ਉਸ ਦਾ ਸੁਆਦ ਆ ਗਿਆ,

19703	428	ਸਚਾ ਵੇਪਰਵਾਹੁ ਹੈ ਤਿਸ ਨੋ ਤਿਲੁ ਨ ਤਮਾਇ॥੧॥	(ਤਮਾਇ) ਇੱਛਾ	Sachaa Vaeparavaahu Hai This No Thil N Thamaae ||1||	The True Lord is care-free; he does not have even an iota of greed. ||1||	(ਉਹਨਾਂ ਨੂੰ ਇਹ ਭੀ ਸਮਝ ਆ ਗਈ ਕਿ) ਉਹ ਸਦਾ-ਥਿਰ ਪ੍ਰਭੂ ਬੇ-ਮੁਥਾਜ ਹੈ ਉਸ ਨੂੰ ਰਤਾ ਭਰ ਭੀ (ਕਿਸੇ ਕਿਸਮ ਦਾ ਕੋਈ) ਲਾਲਚ ਨਹੀਂ ਹੈ ॥੧॥
19704	428	ਅੰਮ੍ਰਿਤੁ ਸਚਾ ਵਰਸਦਾ ਗੁਰਮੁਖਾ ਮੁਖਿ ਪਾਇ॥		Anmrith Sachaa Varasadhaa Guramukhaa Mukh Paae ||	The True Ambrosial Nectar rains down, and trickles into the mouths of the Gurmukhs.	ਸਦਾ-ਥਿਰ ਰਹਿਣ ਵਾਲਾ ਤੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਹਰ ਥਾਂ) ਵਰ੍ਹ ਰਿਹਾ ਹੈ, ਪਰ ਇਹ ਪੈਂਦਾ ਹੈ ਉਹਨਾਂ ਮਨੁੱਖਾਂ ਦੇ ਮੂੰਹ ਵਿਚ ਜੋ ਗੁਰੂ ਦੇ ਸਨਮੁਖ ਰਹਿੰਦੇ ਹਨ।
19705	428	ਮਨੁ ਸਦਾ ਹਰੀਆਵਲਾ ਸਹਜੇ ਹਰਿ ਗੁਣ ਗਾਇ॥੧॥ਰਹਾਉ॥		Man Sadhaa Hareeaavalaa Sehajae Har Gun Gaae ||1|| Rehaao ||	Their minds are forever rejuvenated, and they naturally, intuitively, sing the Glorious Praises of the Lord. ||1||Pause||	ਆਤਮਕ ਅਡੋਲਤਾ ਵਿਚ ਟਿਕ ਕੇ ਹਰੀ ਦੇ ਗੁਣ ਗਾ ਗਾ ਕੇ ਉਹਨਾਂ ਦਾ ਮਨ ਸਦਾ ਖਿੜਿਆ ਰਹਿੰਦਾ ਹੈ ॥੧॥ ਰਹਾਉ ॥
19706	428	ਮਨਮੁਖਿ ਸਦਾ ਦੋਹਾਗਣੀ ਦਰਿ ਖੜੀਆ ਬਿਲਲਾਹਿ॥	(ਬਿਲਲਾਹਿ) ਰੋਂਦੇ। ਖੜੀਆਂ	Manamukh Sadhaa Dhohaaganee Dhar Kharreeaa Bilalaahi ||	The self-willed manmukhs are forever forsaken brides; they cry out and bewail at the Lord's Gate.	ਆਪਣੇ ਮਨ ਦੇ ਪਿੱਛੇ ਤੁਰਨ ਵਾਲੀਆਂ ਜੀਵ-ਇਸਤ੍ਰੀਆਂ ਸਦਾ ਮੰਦ-ਭਾਗਣਾਂ ਰਹਿੰਦੀਆਂ ਹਨ ਉਹ ਪ੍ਰਭੂ ਦੇ ਦਰ ਤੇ ਖਲੋਤੀਆਂ (ਭੀ) ਵਿਲਕਦੀਆਂ ਹੀ ਹਨ।

19707	428	ਜਿਨ੍ਹਾ ਪਿਰ ਕਾ ਸੁਆਦੁ ਨ ਆਇਓ ਜੋ ਧੁਰਿ ਲਿਖਿਆ ਸੋ ਕਮਾਹਿ॥੨॥	ਸੋ ਹੋੜੇ ਔਂਕੜ ਵਿਚਕਾਰ ਬੋਲੋ	Jinhaa Pir Kaa Suaadh N Aaeiou Jo Dhhur Likhiaa Suo Kamaahi ||2||	Those who do not enjoy the sublime taste of their Husband Lord, act according to their pre-ordained destiny. ||2||	ਜਿਨ੍ਹਾਂ ਨੂੰ ਪ੍ਰਭੂ-ਪਤੀ ਦੇ ਮਿਲਾਪ ਦਾ ਕਦੇ ਸੁਆਦ ਨਹੀਂ ਆਇਆ ਉਹ ਉਹੀ ਮਨਮੁਖਤਾ ਵਾਲੇ ਕਰਮ ਕਮਾਂਦੀਆਂ ਰਹਿੰਦੀਆਂ ਹਨ ਜੋ ਧੁਰ ਦਰਗਾਹ ਤੋਂ ਉਹਨਾਂ ਦੇ ਪਿਛਲੇ ਕੀਤੇ ਕਰਮਾਂ ਅਨੁਸਾਰ ਉਹਨਾਂ ਦੇ ਮੱਥੇ ਤੇ ਲਿਖੇ ਪਏ ਹਨ ॥੨॥
19708	428	ਗੁਰਮੁਖਿ ਬੀਜੇ ਸਚੁ ਜਮੈ ਸਚੁ ਨਾਮੁ ਵਾਪਾਰੁ॥	ਜੰਮੈ	Guramukh Beejae Sach Jamai Sach Naam Vaapaar ||	The Gurmukh plants the seed of the True Name, and it sprouts. He deals in the True Name alone.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਸਦਾ-ਥਿਰ ਹਰਿ-ਨਾਮ (ਆਪਣਾ ਹਿਰਦਾ-ਖੇਤ ਵਿਚ) ਬੀਜਦਾ ਹੈ ਇਹ ਨਾਮ ਹੀ ਉਥੇ ਹੀ ਉੱਗਦਾ ਹੈ, ਸਦਾ-ਥਿਰ ਨਾਮ ਨੂੰ ਹੀ ਉਹ ਆਪਣਾ ਵਣਜ-ਵਪਾਰ ਬਣਾਂਦਾ ਹੈ।
19709	428	ਜੋ ਇਤੁ ਲਾਹੈ ਲਾਇਅਨੁ ਭਗਤੀ ਦੇਇ ਭੰਡਾਰ॥੩॥		Jo Eith Laahai Laaeian Bhagathee Dhaee Bhanddaar ||3||	Those whom the Lord has attached to this profitable venture, are granted the treasure of devotional worship. ||3||	ਜਿਨ੍ਹਾਂ ਮਨੁੱਖਾਂ ਨੂੰ ਪ੍ਰਭੂ ਨੇ ਇਸ ਲਾਭਵੰਦੇ ਕੰਮ ਵਿਚ ਲਾਇਆ ਹੈ ਉਹਨਾਂ ਨੂੰ ਆਪਣੀ ਭਗਤੀ ਦੇ ਖ਼ਜ਼ਾਨੇ ਦੇ ਦੇਂਦਾ ਹੈ ॥੩॥

19710	428	ਗੁਰਮੁਖਿ ਸਦਾ ਸੋਹਾਗਣੀ ਭੈ ਭਗਤਿ ਸੀਗਾਰਿ॥		Guramukh Sadhaa Sohaaganee Bhai Bhagath Seegaar ||	The Gurmukh is forever the true, happy soul-bride; she adorns herself with the fear of God and devotion to Him.	ਗੁਰੂ ਦੇ ਸਨਮੁਖ ਰਹਿਣ ਵਾਲੀਆਂ ਜੀਵ-ਇਸਤ੍ਰੀਆਂ ਸਦਾ ਚੰਗੇ ਭਾਗਾਂ ਵਾਲੀਆਂ ਹਨ, ਉਹ ਪ੍ਰਭੂ ਦੇ ਡਰ-ਅਦਬ ਵਿਚ ਰਹਿ ਕੇ ਪ੍ਰਭੂ ਦੀ ਭਗਤੀ ਦੀ ਰਾਹੀਂ ਆਪਣਾ ਆਤਮਕ ਜੀਵਨ ਸੋਹਣਾ ਬਣਾਂਦੀਆਂ ਹਨ,
19711	428	ਅਨ ਦਿਨੁ ਰਾਵਹਿ ਪਿਰੁ ਆਪਣਾ ਸਚੁ ਰਖਹਿ ਉਰ ਧਾਰਿ॥੪॥	(ਰਾਵਹਿ) ਮਾਣਦੀਆਂ	Anadhin Raavehi Pir Aapanaa Sach Rakhehi Our Dhhaar ||4||	Night and day, she enjoys her Husband Lord; she keeps Truth enshrined within her heart. ||4||	ਉਹ ਹਰ ਵੇਲੇ ਪ੍ਰਭੂ-ਪਤੀ ਦਾ ਮਿਲਾਪ ਮਾਣਦੀਆਂ ਹਨ, ਉਹ ਸਦਾ-ਥਿਰ ਹਰਿ-ਨਾਮ ਨੂੰ ਆਪਣੇ ਹਿਰਦੇ ਵਿਚ ਟਿਕਾ ਕੇ ਰੱਖਦੀਆਂ ਹਨ ॥੪॥
19712	428	ਜਿਨ੍ਹਾ ਪਿਰੁ ਰਾਵਿਆ ਆਪਣਾ ਤਿਨ੍ਹਾ ਵਿਟਹੁ ਬਲਿ ਜਾਉ॥		Jinhaa Pir Raaviaa Aapanaa Thinhaa Vittahu Bal Jaao ||	I am a sacrifice to those who have enjoyed their Husband Lord.	ਮੈਂ ਕੁਰਬਾਨ ਜਾਂਦਾ ਹਾਂ ਉਹਨਾਂ ਤੋਂ ਜਿਨ੍ਹਾਂ ਨੇ ਪ੍ਰਭੂ-ਪਤੀ ਦੇ ਮਿਲਾਪ ਨੂੰ ਸਦਾ ਮਾਣਿਆ ਹੈ,
19713	428	ਸਦਾ ਪਿਰ ਕੈ ਸੰਗਿ ਰਹਹਿ ਵਿਚਹੁ ਆਪੁ ਗਵਾਇ॥੫॥	ਰਹਹਿ	Sadhaa Pir Kai Sang Rehehi Vichahu Aap Gavaae ||5||	They dwell forever with their Husband Lord; they eradicate self-conceit from within. ||5||	ਉਹ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਸਦਾ ਪ੍ਰਭੂ-ਪਤੀ ਦੇ ਚਰਨਾਂ ਵਿਚ ਜੁੜੀਆਂ ਰਹਿੰਦੀਆਂ ਹਨ ॥੫॥

19714	428	ਤਨੁ ਮਨੁ ਸੀਤਲੁ ਮੁਖ ਉਜਲੇ ਪਿਰ ਕੈ ਭਾਇ ਪਿਆਰਿ॥		Than Man Seethal Mukh Oujalae Pir Kai Bhaae Piaar ||	Their bodies and minds are cooled and soothed, and their faces are radiant, from the love and affection of their Husband Lord.	ਪ੍ਰਭੂ-ਪਤੀ ਦੇ ਪ੍ਰੇਮ ਵਿਚ ਪਿਆਰ ਵਿਚ ਰਹਿਣ ਵਾਲੀਆਂ ਦਾ ਮਨ ਤੇ ਹਿਰਦਾ ਠੰਢਾ-ਠਾਰ ਰਹਿੰਦਾ ਹੈ ਉਹਨਾਂ ਦੇ ਮੂੰਹ (ਲੋਕ ਪਰਲੋਕ ਵਿਚ) ਰੌਸ਼ਨ ਹੋ ਜਾਂਦੇ ਹਨ।
19715	428	ਸੇਜ ਸੁਖਾਲੀ ਪਿਰੁ ਰਵੈ ਹਉਮੈ ਤ੍ਰਿਸਨਾ ਮਾਰਿ॥੬॥		Saej Sukhaalee Pir Ravai Houmai Thrisanaa Maar ||6||	They enjoy their Husband Lord upon His cozy bed, having conquered their ego and desire. ||6||	ਆਪਣੇ ਅੰਦਰੋਂ ਹਉਮੈ ਨੂੰ ਤ੍ਰਿਸ਼ਨਾ ਨੂੰ ਮਾਰ ਕੇ ਉਹਨਾਂ ਦੀ ਹਿਰਦਾ-ਸੇਜ ਸੁਖਦਾਈ ਹੋ ਜਾਂਦੀ ਹੈ, ਪ੍ਰਭੂ-ਪਤੀ (ਉਸ ਸੇਜ ਉਤੇ) ਸਦਾ ਟਿਕਿਆ ਰਹਿੰਦਾ ਹੈ ॥੬॥
19716	428	ਕਰਿ ਕਿਰਪਾ ਘਰਿ ਆਇਆ ਗੁਰ ਕੈ ਹੇਤਿ ਅਪਾਰਿ॥	(ਹੇਤਿ) ਪ੍ਰੇਮ	Kar Kirapaa Ghar Aaeiaa Gur Kai Haeth Apaar ||	Granting His Grace, He comes into our homes, through our infinite Love for the Guru.	ਗੁਰੂ ਦੀ ਅਪਾਰ ਮੇਹਰ ਦੀ ਬਰਕਤਿ ਨਾਲ ਪ੍ਰਭੂ ਕਿਰਪਾ ਕਰ ਕੇ ਜਿਸ ਜੀਵ-ਇਸਤ੍ਰੀ ਦੇ ਹਿਰਦੇ-ਘਰ ਵਿਚ ਆ ਵੱਸਦਾ ਹੈ,
19717	428	ਵਰੁ ਪਾਇਆ ਸੋਹਾਗਣੀ ਕੇਵਲ ਏਕੁ ਮੁਰਾਰਿ॥੭॥	(ਮੁਰਾਰਿ) ਵਾਹਿਗੁਰੂ ਜੀ	Var Paaeiaa Sohaaganee Kaeval Eaek Muraar ||7||	The happy soul-bride obtains the One Lord as her Husband. ||7||	ਉਹ ਸੁਭਾਗਣ ਉਸ ਪ੍ਰਭੂ-ਪਤੀ ਨੂੰ ਮਿਲ ਪੈਂਦੀ ਹੈ ਜੋ ਆਪਣੇ ਵਰਗਾ ਇਕ ਆਪ ਹੀ ਹੈ ॥੭॥

19718	428	ਸਭੇ ਗੁਨਹ ਬਖਸਾਇ ਲਇਓਨੁ ਮੇਲੇ ਮੇਲਣਹਾਰਿ॥		Sabhae Guneh Bakhasaae Laeioun Maelae Maelanehaar ||	All of her sins are forgiven; the Uniter unites her with Himself.	ਮੇਲਣ ਦੀ ਸਮਰੱਥਾ ਰੱਖਣ ਵਾਲੇ ਪ੍ਰਭੂ ਨੇ (ਪਿਛਲੇ ਕੀਤੇ ਆਪਣੇ) ਸਾਰੇ ਪਾਪ ਬਖ਼ਸ਼ਵਾ ਲਏ ਤੇ ਆਪਣੇ ਚਰਨਾਂ ਵਿਚ ਮਿਲਾ ਲਿਆ (ਪ੍ਰਭੂ ਦੀ ਸਿਫ਼ਤ-ਸਾਲਾਹ ਕਰਨ ਦੇ ਕਾਰਨ)।
19719	428	ਨਾਨਕ ਆਖਣੁ ਆਖੀਐ ਜੇ ਸੁਣਿ ਧਰੇ ਪਿਆਰੁ॥੮॥੧੨॥੩੪॥		Naanak Aakhan Aakheeai Jae Sun Dhharae Piaar ||8||12||34||	O Nanak, chant such chants, that hearing them, He may enshrine love for you. ||8||12||34||	ਹੇ ਨਾਨਕ! ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਬੋਲ ਹੀ ਬੋਲਣਾ ਚਾਹੀਦਾ ਹੈ ਜਿਸ ਨੂੰ ਸੁਣ ਕੇ ਉਹ ਪ੍ਰਭੂ (ਸਾਡੇ ਨਾਲ) ਪਿਆਰ ਕਰੇ ॥੮॥੧੨॥੩੪॥
19720	428	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
19721	428	ਸਤਿਗੁਰ ਤੇ ਗੁਣ ਊਪਜੈ ਜਾ ਪ੍ਰਭੁ ਮੇਲੈ ਸੋਇ॥		Sathigur Thae Gun Oopajai Jaa Prabh Maelai Soe ||	Merit is obtained from the True Guru, when God causes us to meet Him.	ਜਦੋਂ ਪ੍ਰਭੂ ਉਸ ਗੁਰੂ ਨਾਲ ਮਿਲਾ ਦੇਂਦਾ ਹੈ ਤਦੋਂ ਗੁਰੂ ਪਾਸੋਂ ਗੁਣਾਂ ਦੀ ਦਾਤ ਮਿਲਦੀ ਹੈ,
19722	429	ਸਹਜੇ ਨਾਮੁ ਧਿਆਈਐ ਗਿਆਨੁ ਪਰਗਟੁ ਹੋਇ॥੧॥		Sehajae Naam Dhhiaaeeai Giaan Paragatt Hoe ||1||	Meditating on the Naam, the Name of the Lord, with intuitive ease and poise, spiritual wisdom is revealed. ||1||	ਤਾਂ ਆਤਮਕ ਅਡੋਲਤਾ ਵਿਚ ਟਿਕ ਕੇ ਹਰਿ-ਨਾਮ ਦਾ ਸਿਮਰਨ ਕੀਤਾ ਜਾ ਸਕਦਾ ਹੈ, ਤੇ, ਅੰਦਰ ਆਤਮਕ ਜੀਵਨ ਦੀ ਸੂਝ ਉੱਘੜ ਪੈਂਦੀ ਹੈ ॥੧॥

19723	429	ਏ ਮਨ ਮਤ ਜਾਣਹਿ ਹਰਿ ਦੂਰਿ ਹੈ ਸਦਾ ਵੇਖੁ ਹਦੂਰਿ॥		Eae Man Math Jaanehi Har Dhoor Hai Sadhaa Vaekh Hadhoor ||	O my mind, do not think of the Lord as being far away; behold Him ever close at hand.	ਹੇ ਮੇਰੇ ਮਨ! ਕਿਤੇ ਇਹ ਨਾਹ ਸਮਝ ਲਈਂ ਕਿ ਪਰਮਾਤਮਾ (ਤੈਥੋਂ) ਦੂਰ ਵੱਸਦਾ ਹੈ, ਉਸ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਵੇਖ।
19724	429	ਸਦ ਸੁਣਦਾ ਸਦ ਵੇਖਦਾ ਸਬਦਿ ਰਹਿਆ ਭਰਪੂਰਿ॥੧॥ਰਹਾਉ ॥		Sadh Sunadhaa Sadh Vaekhadhaa Sabadh Rehiaa Bharapoor ||1|| Rehaao ||	He is always listening, and always watching over us; the Word of His Shabad is all-pervading everywhere. ||1||Pause||	ਉਹ ਸਦਾ ਸ਼ਭ-ਕੁਝ ਸੁਣ ਰਿਹਾ ਹੈ ਤੇ ਵੇਖ ਰਿਹਾ ਹੈ। ਗੁਰੂ ਦੇ ਸ਼ਬਦ ਦੀ ਰਾਹੀਂ ਉਹ ਵਿਆਪਕ ਦਿੱਸ ਪਏਗਾ ॥੧॥ ਰਹਾਉ ॥
19725	429	ਗੁਰਮੁਖਿ ਆਪੁ ਪਛਾਣਿਆ ਤਿਨੀ ਇਕ ਮਨਿ ਧਿਆਇਆ॥		Guramukh Aap Pashhaaniaa Thinhee Eik Man Dhhiaaeiaa ||	The Gurmukhs understand their own selves; they meditate single-mindedly on the Lord.	ਗੁਰੂ ਦੇ ਸਨਮੁਖ ਰਹਿਣ ਵਾਲੇ ਆਪਣੇ ਆਤਮਕ ਜੀਵਨ ਨੂੰ ਪੜਤਾਲਦੇ ਰਹਿੰਦੇ ਹਨ ਤੇ ਸੁਰਤ ਜੋੜ ਕੇ ਸਿਮਰਨ ਕਰਦੇ ਹਨ।
19726	429	ਸਦਾ ਰਵਹਿ ਪਿਰੁ ਆਪਣਾ ਸਚੈ ਨਾਮਿ ਸੁਖੁ ਪਾਇਆ॥੨॥		Sadhaa Ravehi Pir Aapanaa Sachai Naam Sukh Paaeiaa ||2||	They enjoy their Husband Lord continually; through the True Name, they find peace. ||2||	ਐਸੇ ਜੀਵ ਸਦਾ ਆਪਣੇ ਪ੍ਰਭੂ-ਪਤੀ ਦਾ ਮਿਲਾਪ ਮਾਣਦੇ ਹਨ, ਤੇ ਸਦਾ-ਥਿਰ ਪ੍ਰਭੂ ਨਾਮ ਵਿਚ ਜੁੜ ਕੇ ਆਤਮਕ ਆਨੰਦ ਹਾਸਲ ਕਰਦੇ ਹਨ ॥੨॥

19727	429	ਏ ਮਨ ਤੇਰਾ ਕੋ ਨਹੀ ਕਰਿ ਵੇਖੁ ਸਬਦਿ ਵੀਚਾਰੁ॥		Eae Man Thaeraa Ko Nehee Kar Vaekh Sabadh Veechaar ||	O my mind, no one belongs to you; contemplate the Shabad, and see this.	ਹੇ ਮਨ! ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰ ਕਰ ਕੇ ਵੇਖ (ਪ੍ਰਭੂ ਤੋਂ ਬਿਨਾ) ਤੇਰਾ ਕੋਈ (ਸੱਚਾ) ਸਾਥੀ ਨਹੀਂ ਹੈ,
19728	429	ਹਰਿ ਸਰਣਾਈ ਭਜਿ ਪਉ ਪਾਇਹਿ ਮੋਖ ਦੁਆਰੁ॥੩॥	(ਮੋਖ) ਮੁਕਤੀ। ਭੱਜਿ। ਪਾ-ਇਹਿ	Har Saranaaee Bhaj Po Paaeihi Mokh Dhuaar ||3||	So run to the Lord's Sanctuary, and find the gate of salvation. ||3||	ਦੌੜ ਕੇ ਪ੍ਰਭੂ ਦੀ ਸਰਨ ਆ ਪਉ, (ਇਸ ਤਰ੍ਹਾਂ ਮਾਇਆ ਦੇ ਮੋਹ ਦੇ ਬੰਧਨਾਂ ਤੋਂ) ਖ਼ਲਾਸੀ ਦਾ ਰਾਹ ਲੱਭ ਲਏਂਗਾ ॥੩॥
19729	429	ਸਬਦਿ ਸੁਣੀਐ ਸਬਦਿ ਬੁਝੀਐ ਸਚਿ ਰਹੈ ਲਿਵ ਲਾਇ॥	ਬੁੱਝੀਐ	Sabadh Suneeai Sabadh Bujheeai Sach Rehai Liv Laae ||	Listen to the Shabad, and understand the Shabad, and lovingly focus your consciousness on the True One.	ਹੇ ਮਨ! ਗੁਰੂ ਦੇ ਸ਼ਬਦ ਦੀ ਰਾਹੀਂ ਹੀ ਹਰਿ-ਨਾਮ ਸੁਣਿਆ ਜਾ ਸਕਦਾ ਹੈ ਤੇ ਸ਼ਬਦ ਦੀ ਰਾਹੀਂ ਹੀ (ਸਹੀ ਜੀਵਨ-ਰਾਹ) ਸਮਝਿਆ ਜਾ ਸਕਦਾ ਹੈ। (ਜੇਹੜਾ ਮਨੁੱਖ ਗੁਰ-ਸ਼ਬਦ ਵਿਚ ਚਿੱਤ ਜੋੜਦਾ ਹੈ ਉਹ) ਸਦਾ-ਥਿਰ ਹਰੀ ਵਿਚ ਸੁਰਤਿ ਜੋੜੀ ਰੱਖਦਾ ਹੈ;
19730	429	ਸਬਦੇ ਹਉਮੈ ਮਾਰੀਐ ਸਚੈ ਮਹਲਿ ਸੁਖੁ ਪਾਇ॥੪॥	ਮਹਲਿ	Sabadhae Houmai Maareeai Sachai Mehal Sukh Paae ||4||	Through the Shabad, conquer your ego, and in the True Mansion of the Lord's Presence, you shall find peace. ||4||	ਸ਼ਬਦ ਦੀ ਬਰਕਤਿ ਨਾਲ ਹੀ (ਅੰਦਰੋਂ) ਹਉਮੈ ਮੁਕਾਈ ਜਾ ਸਕਦੀ ਹੈ (ਜੇਹੜਾ ਮਨੁੱਖ ਗੁਰ-ਸ਼ਬਦ ਦਾ ਆਸਰਾ ਲੈਂਦਾ ਹੈ ਉਹ) ਸਦਾ-ਥਿਰ ਰਹਿਣ ਵਾਲੇ ਹਰੀ ਦੇ ਚਰਨਾਂ ਵਿਚ ਆਨੰਦ ਮਾਣਦਾ ਹੈ ॥੪॥

19731	429	ਇਸੁ ਜੁਗ ਮਹਿ ਸੋਭਾ ਨਾਮ ਕੀ ਬਿਨੁ ਨਾਵੈ ਸੋਭ ਨ ਹੋਇ॥		Eis Jug Mehi Sobhaa Naam Kee Bin Naavai Sobh N Hoe ||	In this age, the Naam, the Name of the Lord, is glory; without the Name, there is no glory.	ਹੇ ਮਨ! ਜਗਤ ਵਿਚ ਨਾਮ ਦੀ ਬਰਕਤਿ ਨਾਲ ਹੀ ਸੋਭਾ ਮਿਲਦੀ ਹੈ, ਹਰਿ-ਨਾਮ ਤੋਂ ਬਿਨਾ ਮਿਲੀ ਹੋਈ ਸੋਭਾ ਅਸਲ ਸੋਭਾ ਨਹੀਂ।
19732	429	ਇਹ ਮਾਇਆ ਕੀ ਸੋਭਾ ਚਾਰਿ ਦਿਹਾੜੇ ਜਾਦੀ ਬਿਲਮੁ ਨ ਹੋਇ॥੫॥	ਬਿਲਮੁ:ਪੋਲਾ ਬੋਲੋ। (ਬਿਲਮੁ) ਦੇਰ। ਜਾਂਦੀ	Eih Maaeiaa Kee Sobhaa Chaar Dhihaarrae Jaadhee Bilam N Hoe ||5||	The glory of this Maya lasts for only a few days; it disappears in an instant. ||5||	ਮਾਇਆ ਦੇ ਪ੍ਰਤਾਪ ਨਾਲ ਮਿਲੀ ਹੋਈ ਸੋਭਾ ਚਾਰ ਦਿਨ ਹੀ ਰਹਿੰਦੀ ਹੈ, ਇਸ ਦੇ ਨਾਸ ਹੁੰਦਿਆਂ ਚਿਰ ਨਹੀਂ ਲੱਗਦਾ ॥੫॥
19733	429	ਜਿਨੀ ਨਾਮੁ ਵਿਸਾਰਿਆ ਸੇ ਮੁਏ ਮਰਿ ਜਾਹਿ॥		Jinee Naam Visaariaa Sae Mueae Mar Jaahi ||	Those who forget the Naam are already dead, and they continue dying.	ਜਿਨ੍ਹਾਂ ਮਨੁੱਖਾਂ ਨੇ ਹਰਿ-ਨਾਮ ਭੁਲਾ ਦਿੱਤਾ ਉਹਨਾਂ ਆਤਮਕ ਮੌਤ ਸਹੇੜ ਲਈ ਉਹ ਆਤਮਕ ਮੌਤੇ ਮਰੇ ਰਹਿੰਦੇ ਹਨ,
19734	429	ਹਰਿ ਰਸ ਸਾਦੁ ਨ ਆਇਓ ਬਿਸਟਾ ਮਾਹਿ ਸਮਾਹਿ॥੬॥		Har Ras Saadh N Aaeiou Bisattaa Maahi Samaahi ||6||	They do not enjoy the sublime essence of the Lord's taste; they sink into the manure. ||6||	ਜਿਨ੍ਹਾਂ ਨੂੰ ਹਰਿ-ਨਾਮ ਦੇ ਰਸ ਦਾ ਸੁਆਦ ਨਾਹ ਆਇਆ ਉਹ ਵਿਕਾਰਾਂ ਦੇ ਗੰਦ ਵਿਚ ਮਸਤ ਹੁੰਦੇ ਹਨ, ਜਿਵੇਂ ਗੰਦ ਦੇ ਕੀੜੇ ਗੰਦ ਵਿਚ ॥੬॥

19735	429	ਇਕਿ ਆਪੇ ਬਖਸਿ ਮਿਲਾਇਅਨੁ ਅਨ ਦਿਨੁ ਨਾਮੇ ਲਾਇ॥		Eik Aapae Bakhas Milaaeian Anadhin Naamae Laae ||	Some are forgiven by the Lord; He unites them with Himself, and keeps them attached to the Naam, night and day.	ਕਈ ਐਸੇ ਭਾਗਾਂ ਵਾਲੇ ਹਨ ਜਿਨ੍ਹਾਂ ਨੂੰ ਪਰਮਾਤਮਾ ਨੇ ਹਰ ਵੇਲੇ ਆਪਣੇ ਨਾਮ ਵਿਚ ਲਾ ਕੇ ਮੇਹਰ ਕਰ ਕੇ ਆਪ ਹੀ ਆਪਣੇ ਚਰਨਾਂ ਵਿਚ ਜੋੜ ਰੱਖਿਆ ਹੈ।
19736	429	ਸਚੁ ਕਮਾਵਹਿ ਸਚਿ ਰਹਹਿ ਸਚੇ ਸਚਿ ਸਮਾਹਿ॥੭॥	ਕਮਾਵਹਿ, ਰਹਹਿ	Sach Kamaavehi Sach Rehehi Sachae Sach Samaahi ||7||	They practice Truth, and abide in Truth; being truthful, they merge into Truth. ||7||	ਉਹ ਸਦਾ-ਥਿਰ ਨਾਮ-ਸਿਮਰਨ ਦੀ ਕਮਾਈ ਕਰਦੇ ਹਨ, ਸਦਾ-ਥਿਰ ਨਾਮ ਵਿਚ ਟਿਕੇ ਰਹਿੰਦੇ ਹਨ, ਹਰ ਵੇਲੇ ਸਦਾ-ਥਿਰ ਹਰੀ ਵਿਚ ਹੀ ਲੀਨ ਰਹਿੰਦੇ ਹਨ ॥੭॥
19737	429	ਬਿਨੁ ਸਬਦੈ ਸੁਣੀਐ ਨ ਦੇਖੀਐ ਜਗੁ ਬੋਲਾ ਅੰਨ੍ਹਾ ਭਰਮਾਇ॥	ਬੋਲ਼ਾ	Bin Sabadhai Suneeai N Dhaekheeai Jag Bolaa Annhaa Bharamaae ||	Without the Shabad, the world does not hear, and does not see; deaf and blind, it wanders around.	ਗੁਰੂ ਦੇ ਸ਼ਬਦ ਤੋਂ ਵਾਂਜਿਆਂ ਰਹਿ ਕੇ ਹਰਿ-ਨਾਮ ਸੁਣਿਆ ਨਹੀਂ ਜਾ ਸਕਦਾ ਤੇ ਪ੍ਰਭੂ ਵੇਖਿਆ ਨਹੀਂ ਜਾ ਸਕਦਾ। ਜਗਤ ਮਾਇਆ ਦੇ ਮੋਹ ਵਿਚ ਅੰਨ੍ਹਾ ਤੇ ਬੋਲਾ ਹੋ ਰਿਹਾ ਹੈ ਤੇ (ਮਾਇਆ ਦੀ ਖ਼ਾਤਰ) ਭਟਕਦਾ ਫਿਰਦਾ ਹੈ।
19738	429	ਬਿਨੁ ਨਾਵੈ ਦੁਖੁ ਪਾਇਸੀ ਨਾਮੁ ਮਿਲੈ ਤਿਸੈ ਰਜਾਇ॥੮॥		Bin Naavai Dhukh Paaeisee Naam Milai Thisai Rajaae ||8||	Without the Naam, it obtains only misery; the Naam is received only by His Will. ||8||	ਨਾਮ ਤੋਂ ਖੁੰਝ ਕੇ ਜਗਤ ਦੁੱਖ ਹੀ ਸਹਾਰਦਾ ਰਹਿੰਦਾ ਹੈ। ਤੇ ਹਰਿ-ਨਾਮ ਉਸ ਹਰੀ ਦੀ ਰਜ਼ਾ ਨਾਲ ਹੀ ਮਿਲ ਸਕਦਾ ਹੈ ॥੮॥

19739	429	ਜਿਨ ਬਾਣੀ ਸਿਉ ਚਿਤੁ ਲਾਇਆ ਸੇ ਜਨ ਨਿਰਮਲ ਪਰਵਾਣੁ॥		Jin Baanee Sio Chith Laaeiaa Sae Jan Niramal Paravaan ||	Those persons who link their consciousness with the Word of His Bani, are immaculately pure, and approved by the Lord.	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਬਾਣੀ ਨਾਲ ਆਪਣਾ ਚਿੱਤ ਜੋੜਿਆ ਹੈ ਉਹ ਮਨੁੱਖ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ ਉਹ ਪ੍ਰਭੂ ਦੀ ਹਜ਼ੂਰੀ ਵਿਚ ਕਬੂਲ ਪੈਂਦੇ ਹਨ।
19740	429	ਨਾਨਕ ਨਾਮੁ ਤਿਨ੍ਹਾ ਕਦੇ ਨ ਵੀਸਰੈ ਸੇ ਦਰਿ ਸਚੇ ਜਾਣੁ॥੯॥੧੩॥੩੫॥		Naanak Naam Thinhaa Kadhae N Veesarai Sae Dhar Sachae Jaan ||9||13||35||	O Nanak, they never forget the Naam, and in the Court of the Lord, they are known as true. ||9||13||35||	ਹੇ ਨਾਨਕ! ਉਹਨਾਂ ਨੂੰ ਪਰਮਾਤਮਾ ਦਾ ਨਾਮ ਕਦੇ ਭੁੱਲਦਾ ਨਹੀਂ, ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਉਹ ਉੱਘੇ ਹਨ ॥੯॥੧੩॥੩੫॥
19741	429	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
19742	429	ਸਬਦੌ ਹੀ ਭਗਤ ਜਾਪਦੇ ਜਿਨ੍ ਕੀ ਬਾਣੀ ਸਚੀ ਹੋਇ॥		Sabadha Hee Bhagath Jaapadhae Jinh Kee Baanee Sachee Hoe ||	Through the Word of the Shabad, the devotees are known; their words are true.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਹੀ ਭਗਤ (ਜਗਤ ਵਿਚ) ਉਜਾਗਰ ਹੋ ਜਾਂਦੇ ਹਨ, ਪਰਮਾਤਮਾ ਦੀ ਸਿਫ਼ਤ-ਸਾਲਾਹ ਹੀ ਉਹਨਾਂ ਦਾ ਹਰ ਵੇਲੇ ਦਾ ਬੋਲ-ਚਾਲ ਹੋ ਜਾਂਦਾ ਹੈ।

19743	429	ਵਿਚਹੁ ਆਪੁ ਗਇਆ ਨਾਉ ਮੰਨਿਆ ਸਚਿ ਮਿਲਾਵਾ ਹੋਇ॥੧॥		Vichahu Aap Gaeiaa Naao Manniaa Sach Milaavaa Hoe ||1||	They eradicate ego from within themselves; they surrender to the Naam, the Name of the Lord, and meet with the True One. ||1||	(ਨਾਮ ਦੀ ਬਰਕਤਿ ਨਾਲ) ਉਹਨਾਂ ਦੇ ਅੰਦਰੋਂ ਆਪਾ-ਭਾਵ ਦੂਰ ਹੋ ਜਾਂਦਾ ਹੈ, ਉਹਨਾਂ ਦਾ ਮਨ ਨਾਮ ਨੂੰ ਕਬੂਲ ਕਰ ਲੈਂਦਾ ਹੈ, ਸਦਾ-ਥਿਰ ਹਰੀ ਵਿਚ ਉਹਨਾਂ ਦਾ ਮਿਲਾਪ ਹੋ ਜਾਂਦਾ ਹੈ ॥੧॥
19744	429	ਹਰਿ ਹਰਿ ਨਾਮੁ ਜਨ ਕੀ ਪਤਿ ਹੋਇ॥		Har Har Naam Jan Kee Path Hoe ||	Through the Name of the Lord, Har, Har, His humble servants obtain honor.	ਪਰਮਾਤਮਾ ਦੇ ਭਗਤਾਂ ਵਾਸਤੇ ਪਰਮਾਤਮਾ ਦਾ ਨਾਮ ਹੀ ਇੱਜ਼ਤ ਹੈ,
19745	429	ਸਫਲੁ ਤਿਨ੍ਹਾ ਕਾ ਜਨਮੁ ਹੈ ਤਿਨ੍ ਮਾਨੈ ਸਭੁ ਕੋਇ॥੧॥ਰਹਾਉ॥		Safal Thinhaa Kaa Janam Hai Thinh Maanai Sabh Koe ||1|| Rehaao ||	How blessed is their coming into the world! Everyone adores them. ||1||Pause||	(ਨਾਮ ਜਪ ਕੇ) ਉਹਨਾਂ ਦੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ, ਹਰੇਕ ਜੀਵ ਉਹਨਾਂ ਦਾ ਆਦਰ-ਮਾਣ ਕਰਦਾ ਹੈ ॥੧॥ ਰਹਾਉ ॥
19746	429	ਹਉਮੈ ਮੇਰਾ ਜਾਤਿ ਹੈ ਅਤਿ ਕ੍ਰੋਧੁ ਅਭਿਮਾਨੁ॥		Houmai Maeraa Jaath Hai Ath Krodhh Abhimaan ||	Ego, self-centeredness, excessive anger and pride are the lot of mankind.	'ਮੈਂ ਮੈਂ, ਮੇਰੀ ਮੇਰੀ'-ਇਹ ਹੀ ਪਰਮਾਤਮਾ ਨਾਲੋਂ ਮਨੁੱਖ ਦਾ ਵਖੇਵਾਂ ਬਣਾ ਦੇਂਦਾ ਹੈ, ਇਸੇ ਕਾਰਨ ਮਨੁੱਖ ਦੇ ਅੰਦਰ ਕ੍ਰੋਧ ਅਤੇ ਅਹੰਕਾਰ ਪੈਦਾ ਹੋਇਆ ਰਹਿੰਦਾ ਹੈ।

19747	429	ਸਬਦਿ ਮਰੈ ਤਾ ਜਾਤਿ ਜਾਇ ਜੋਤੀ ਜੋਤਿ ਮਿਲੈ ਭਗਵਾਨੁ॥੨॥		Sabadh Marai Thaa Jaath Jaae Jothee Joth Milai Bhagavaan ||2||	If one dies in the Word of the Shabad, then he is rid of this, and his light is merged into the Light of the Lord God. ||2||	ਜਦੋਂ ਗੁਰ-ਸ਼ਬਦ ਦੀ ਰਾਹੀਂ 'ਮੈਂ ਮੇਰੀ' ਦਾ ਅਭਾਵ ਹੋ ਜਾਂਦਾ ਹੈ ਤਾਂ ਵੱਖਰਾ-ਪਨ ਮੁੱਕ ਜਾਂਦਾ ਹੈ, ਹਰਿ-ਜੋਤਿ ਵਿਚ ਸੁਰਤਿ ਲੀਨ ਹੋ ਜਾਂਦੀ ਹੈ, ਰੱਬ ਮਿਲ ਪੈਂਦਾ ਹੈ ॥੨॥
19748	429	ਪੂਰਾ ਸਤਿਗੁਰੁ ਭੇਟਿਆ ਸਫਲ ਜਨਮੁ ਹਮਾਰਾ॥		Pooraa Sathigur Bhaettiaa Safal Janam Hamaaraa ||	Meeting with the Perfect True Guru, my life has been blessed.	ਜਦੋਂ (ਸਾਨੂੰ ਜੀਵਾਂ ਨੂੰ) ਪੂਰਾ ਗੁਰੂ ਮਿਲ ਪੈਂਦਾ ਹੈ, ਸਾਡੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ,
19749	429	ਨਾਮੁ ਨਵੈ ਨਿਧਿ ਪਾਇਆ ਭਰੇ ਅਖੁਟ ਭੰਡਾਰਾ॥੩॥	(ਅ-ਖੁੱਟ) ਅਮੁੱਕ	Naam Navai Nidhh Paaeiaa Bharae Akhutt Bhanddaaraa ||3||	I have obtained the nine treasures of the Naam, and my storehouse is inexhaustible, filled to overflowing. ||3||	ਸਾਨੂੰ ਹਰਿ-ਨਾਮ ਮਿਲ ਜਾਂਦਾ ਹੈ ਜੋ ਜਗਤ ਦੇ ਨੌ ਹੀ ਖ਼ਜ਼ਾਨੇ ਹੈ, ਨਾਮ-ਧਨ ਨਾਲ ਸਾਡੇ (ਹਿਰਦੇ ਦੇ) ਖ਼ਜ਼ਾਨੇ ਭਰ ਜਾਂਦੇ ਹਨ, ਇਹ ਖ਼ਜ਼ਾਨੇ ਕਦੀ ਖ਼ਾਲੀ ਨਹੀਂ ਹੋ ਸਕਦੇ ॥੩॥
19750	429	ਆਵਹਿ ਇਸੁ ਰਾਸੀ ਕੇ ਵਾਪਾਰੀਏ ਜਿਨ੍ਹਾ ਨਾਮੁ ਪਿਆਰਾ॥	(ਰਾਸੀ) ਸੌਦਾ	Aavehi Eis Raasee Kae Vaapaareeeae Jinhaa Naam Piaaraa ||	Those who love the Naam come as dealers in the merchandise of the Naam.	ਇਸ ਨਾਮ-ਧਨ ਦੇ ਉਹੀ ਵਣਜਾਰੇ (ਗੁਰੂ ਦੇ ਕੋਲ) ਆਉਂਦੇ ਹਨ ਜਿਨ੍ਹਾਂ ਨੂੰ ਇਹ ਨਾਮ (-ਧਨ) ਪਿਆਰਾ ਲੱਗਦਾ ਹੈ।

19751	429	ਗੁਰਮੁਖਿ ਹੋਵੈ ਸੋ ਧਨੁ ਪਾਏ ਤਿਨ੍ਹਾ ਅੰਤਰਿ ਸਬਦੁ ਵੀਚਾਰਾ॥੪॥		Guramukh Hovai So Dhhan Paaeae Thinhaa Anthar Sabadh Veechaaraa ||4||	Those who become Gurmukh obtain this wealth; deep within, they contemplate the Shabad. ||4||	ਜੇਹੜਾ ਮਨੁੱਖ ਗੁਰੂ ਦੀ ਸਰਨ ਆ ਪੈਂਦਾ ਹੈ ਉਹ ਨਾਮ-ਧਨ ਹਾਸਿਲ ਕਰ ਲੈਂਦਾ ਹੈ। ਅਜਿਹੇ ਮਨੁੱਖਾਂ ਦੇ ਅੰਦਰ ਗੁਰ-ਸ਼ਬਦ ਵੱਸ ਪੈਂਦਾ ਹੈ, ਪ੍ਰਭੂ ਦੇ ਗੁਣਾਂ ਦੀ ਵਿਚਾਰ ਆ ਵੱਸਦੀ ਹੈ ॥੪॥
19752	429	ਭਗਤੀ ਸਾਰ ਨ ਜਾਣਨ੍ਹੀ ਮਨਮੁਖ ਅਹੰਕਾਰੀ॥	(ਸਾਰ) ਕਦਰ। ਅਹੰ-ਕਾਰੀ	Bhagathee Saar N Jaananhee Manamukh Ahankaaree ||	The egotistical, self-willed manmukhs do not appreciate the value of devotional worship.	(ਪਰ) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਅਹੰਕਾਰੀ ਹੋ ਜਾਂਦੇ ਹਨ ਉਹ ਪ੍ਰਭੂ ਦੀ ਭਗਤੀ ਦੀ ਕਦਰ ਨਹੀਂ ਸਮਝਦੇ,
19753	429	ਧੁਰਹੁ ਆਪਿ ਖੁਆਇਅਨੁ ਜੂਐ ਬਾਜੀ ਹਾਰੀ॥੫॥	(ਧੁਰਹੁ) ਹਰਿ ਜੀ ਤੋਂ (ਆਪਿ) ਹੰਕਾਰ ਨੇ (ਖੁਆਇਅਨੁ) ਖੁੰਝਾ ਦਿੱਤੇ	Dhhurahu Aap Khuaaeian Jooai Baajee Haaree ||5||	The Primal Lord Himself has beguiled them; they lose their lives in the gamble. ||5||	ਐਸੇ ਮਨੁੱਖਾਂ ਨੂੰ ਪ੍ਰਭੂ ਨੇ ਆਪ ਹੀ ਧੁਰੋਂ ਆਪਣੇ ਹੁਕਮ ਨਾਲ ਕੁਰਾਹੇ ਪਾ ਦਿੱਤਾ ਹੈ, ਉਹ ਜੀਵਨ-ਬਾਜ਼ੀ ਹਾਰ ਜਾਂਦੇ ਹਨ (ਜਿਵੇਂ ਕੋਈ ਜੁਆਰੀਆ) ਜੂਏ ਵਿਚ (ਹਾਰ ਖਾਂਦਾ ਹੈ) ॥੫॥
19754	429	ਬਿਨੁ ਪਿਆਰੈ ਭਗਤਿ ਨ ਹੋਵਈ ਨਾ ਸੁਖੁ ਹੋਇ ਸਰੀਰਿ॥		Bin Piaarai Bhagath N Hovee Naa Sukh Hoe Sareer ||	Without loving affection, devotional worship is not possible, and the body cannot be at peace.	ਜੇ ਹਿਰਦੇ ਵਿਚ ਪ੍ਰਭੂ ਵਾਸਤੇ ਪਿਆਰ ਨਾਹ ਹੋਵੇ ਤਾਂ ਉਸ ਦੀ ਭਗਤੀ ਨਹੀਂ ਕੀਤੀ ਜਾ ਸਕਦੀ, (ਭਗਤੀ ਤੋਂ ਬਿਨਾ) ਸਰੀਰ ਨੂੰ ਆਤਮਕ ਆਨੰਦ ਭੀ ਨਹੀਂ ਮਿਲਦਾ।

19755	429	ਪ੍ਰੇਮ ਪਦਾਰਥੁ ਪਾਈਐ ਗੁਰ ਭਗਤੀ ਮਨ ਧੀਰਿ॥੬॥	(ਧੀਰਿ) ਧੀਰਜ	Praem Padhaarathh Paaeeai Gur Bhagathee Man Dhheer ||6||	The wealth of love is obtained from the Guru; through devotion, the mind becomes steady. ||6||	ਪ੍ਰੇਮ ਦੀ ਦਾਤ (ਗੁਰੂ ਪਾਸੋਂ) ਮਿਲਦੀ ਹੈ, ਗੁਰੂ ਦੀ ਦੱਸੀ ਹੋਈ ਭਗਤੀ ਦੀ ਬਰਕਤਿ ਨਾਲ ਮਨ ਵਿਚ ਸ਼ਾਂਤੀ ਆ ਟਿਕਦੀ ਹੈ ॥੬॥
19756	429	ਜਿਸ ਨੋ ਭਗਤਿ ਕਰਾਏ ਸੋ ਕਰੇ ਗੁਰ ਸਬਦ ਵੀਚਾਰਿ॥		Jis No Bhagath Karaaeae So Karae Gur Sabadh Veechaar ||	He alone performs devotional worship, whom the Lord so blesses; he contemplates the Word of the Guru's Shabad.	ਗੁਰੂ ਦੇ ਸ਼ਬਦ ਦੀ ਵਿਚਾਰ ਕਰ ਕੇ ਉਹੀ ਮਨੁੱਖ ਪ੍ਰਭੂ ਦੀ ਭਗਤੀ ਕਰ ਸਕਦਾ ਹੈ ਜਿਸ ਪਾਸੋਂ ਪ੍ਰਭੂ ਆਪ ਭਗਤੀ ਕਰਾਂਦਾ ਹੈ,
19757	429	ਹਿਰਦੈ ਏਕੋ ਨਾਮੁ ਵਸੈ ਹਉਮੈ ਦੁਬਿਧਾ ਮਾਰਿ॥੭॥		Hiradhai Eaeko Naam Vasai Houmai Dhubidhhaa Maar ||7||	The One Name abides in his heart, and he conquers his ego and duality. ||7||	ਤਦ ਅੰਦਰੋਂ ਹਉਮੈ ਤੇ ਮੇਰ-ਤੇਰ ਮੁਕਾ ਜਾਂਦਾ ਹੈ ਤੇ ਹਿਰਦੇ ਵਿਚ ਇਕ ਪਰਮਾਤਮਾ ਦਾ ਨਾਮ ਆ ਵੱਸਦਾ ਹੈ ॥੭॥
19758	429	ਭਗਤਾ ਕੀ ਜਤਿ ਪਤਿ ਏਕੋ ਨਾਮੁ ਹੈ ਆਪੇ ਲਏ ਸਵਾਰਿ॥	ਜਤਿ ਪਤਿ: ਪੋਲੇ ਬੋਲੋ	Bhagathaa Kee Jath Path Eaekuo Naam Hai Aapae Leae Savaar ||	The One Name is the social status and honor of the devotees; the Lord Himself adorns them.	ਪਰਮਾਤਮਾ ਦਾ ਨਾਮ ਭਗਤਾਂ ਵਾਸਤੇ ਨਾਮ ਹੀ ਉੱਚੀ ਜਾਤ ਤੇ ਕੁਲ ਹੈ, ਪਰਮਾਤਮਾ ਆਪ ਹੀ ਉਹਨਾਂ ਦੇ ਜੀਵਨ ਨੂੰ ਸੋਹਣਾ ਬਣਾ ਦੇਂਦਾ ਹੈ।

19759	429	ਸਦਾ ਸਰਣਾਈ ਤਿਸ ਕੀ ਜਿਉ ਭਾਵੈ ਤਿਉ ਕਾਰਜੁ ਸਾਰਿ॥੮॥		Sadhaa Saranaaee This Kee Jio Bhaavai Thio Kaaraj Saar ||8||	They remain forever in the Protection of His Sanctuary. As it pleases His Will, He arranges their affairs. ||8||	ਭਗਤ ਸਦਾ ਉਸ ਪ੍ਰਭੂ ਦੀ ਸਰਨ ਪਏ ਰਹਿੰਦੇ ਹਨ, ਜਿਵੇਂ ਪ੍ਰਭੂ ਨੂੰ ਚੰਗਾ ਲੱਗਦਾ ਹੈ ਤਿਵੇਂ ਉਹ ਉਹਨਾਂ ਦਾ ਹਰੇਕ ਕੰਮ ਸਿਰੇ ਚਾੜ੍ਹ ਦੇਂਦਾ ਹੈ ॥੮॥
19760	430	ਭਗਤਿ ਨਿਰਾਲੀ ਅਲਾਹ ਦੀ ਜਾਪੈ ਗੁਰ ਵੀਚਾਰਿ॥	ਅੱਲਾਹ	Bhagath Niraalee Alaah Dhee Jaapai Gur Veechaar ||	The worship of the Lord is unique - it is known only by reflecting upon the Guru.	ਗੁਰੂ ਦੇ ਸ਼ਬਦ ਦੀ ਵਿਚਾਰ ਦੀ ਬਰਕਤਿ ਨਾਲ ਇਹ ਸਮਝ ਪੈਂਦੀ ਹੈ ਕਿ ਪਰਮਾਤਮਾ ਦੀ ਭਗਤੀ ਅਨੋਖੀ ਹੀ ਬਰਕਤਿ ਦੇਣ ਵਾਲੀ ਹੈ।
19761	430	ਨਾਨਕ ਨਾਮੁ ਹਿਰਦੈ ਵਸੈ ਭੈ ਭਗਤੀ ਨਾਮਿ ਸਵਾਰਿ॥੯॥੧੪॥੩੬॥		Naanak Naam Hiradhai Vasai Bhai Bhagathee Naam Savaar ||9||14||36||	O Nanak, one whose mind is filled with the Naam, through the Lord's Fear and devotion, is embellished with the Naam. ||9||14||36||	ਹੇ ਨਾਨਕ! ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ, ਪ੍ਰਭੂ ਦੀ ਭਗਤੀ ਉਸ ਨੂੰ ਪ੍ਰਭੂ ਦੇ ਡਰ-ਅਦਬ ਵਿਚ ਰੱਖ ਕੇ ਪ੍ਰਭੂ ਦੇ ਨਾਮ ਵਿਚ ਜੋੜੀ ਰੱਖ ਕੇ ਉਸ ਦੇ ਆਤਮਕ ਜੀਵਨ ਨੂੰ ਸੋਹਣਾ ਬਣਾ ਦੇਂਦੀ ਹੈ ॥੯॥੧੪॥੩੬॥
19762	430	ਆਸਾ ਮਹਲਾ ੩॥		Aasaa Mehalaa 3 ||	Aasaa, Third Mehl:	
19763	430	ਅਨ ਰਸ ਮਹਿ ਭੋਲਾਇਆ ਬਿਨੁ ਨਾਮੈ ਦੁਖ ਪਾਇ॥		An Ras Mehi Bholaaeiaa Bin Naamai Dhukh Paae ||	He wanders around, engrossed in other pleasures, but without the Naam, he suffers in pain.	ਮਨੁੱਖ ਹੋਰ ਹੋਰ ਪਦਾਰਥਾਂ ਦੇ ਸੁਆਦਾਂ ਵਿਚ ਫਸ ਕੇ ਕੁਰਾਹੇ ਪਿਆ ਰਹਿੰਦਾ ਹੈ, ਨਾਮ ਤੋਂ ਖੁੰਝ ਕੇ ਦੁੱਖ ਸਹਿੰਦਾ ਰਹਿੰਦਾ ਹੈ,

19764	430	ਸਤਿਗੁਰੁ ਪੁਰਖੁ ਨ ਭੇਟਿਓ ਜਿ ਸਚੀ ਬੂਝ ਬੁਝਾਇ॥੧॥	(ਭੇਟਿਓ) ਮਿਲੇ। ਬੂੱਝ ਬੁੱਝਾਇ	Sathigur Purakh N Bhaettiou J Sachee Boojh Bujhaae ||1||	He does not meet the True Guru, the Primal Being, who imparts true understanding. ||1||	ਉਸ ਨੂੰ ਮਹਾ ਪੁਰਖ ਗੁਰੂ ਨਹੀਂ ਮਿਲਦਾ ਜੇਹੜਾ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਅਕਲ ਦੇਂਦਾ ਹੈ ॥੧॥
19765	430	ਏ ਮਨ ਮੇਰੇ ਬਾਵਲੇ ਹਰਿ ਰਸੁ ਚਖਿ ਸਾਦੁ ਪਾਇ॥	ਚੱਖਿ	Eae Man Maerae Baavalae Har Ras Chakh Saadh Paae ||	O my insane mind, drink in the sublime essence of the Lord, and savor its taste.	ਹੇ ਮੇਰੇ ਝੱਲੇ ਮਨ! ਪਰਮਾਤਮਾ ਦੇ ਨਾਮ ਦਾ ਰੱਸ ਚੱਖ, ਪਰਮਾਤਮਾ ਦੇ ਨਾਮ ਦਾ ਸੁਆਦ ਲੈ।
19766	430	ਅਨ ਰਸਿ ਲਾਗਾ ਤੂੰ ਫਿਰਹਿ ਬਿਰਥਾ ਜਨਮੁ ਗਵਾਇ॥੧॥ਰਹਾਉ॥		An Ras Laagaa Thoon Firehi Birathhaa Janam Gavaae ||1|| Rehaao ||	Attached to other pleasures, you wander around, and your life wastes away uselessly. ||1||Pause||	ਤੂੰ ਆਪਣਾ ਜੀਵਨ ਵਿਅਰਥ ਗਵਾ ਗਵਾ ਕੇ ਹੋਰ ਪਦਾਰਥਾਂ ਦੇ ਸੁਆਦ ਵਿਚ ਫਸਿਆ ਹੋਇਆ ਭਟਕ ਰਿਹਾ ਹੈਂ ॥੧॥ ਰਹਾਉ ॥
19767	430	ਇਸੁ ਜੁਗ ਮਹਿ ਗੁਰਮੁਖ ਨਿਰਮਲੇ ਸਚਿ ਨਾਮਿ ਰਹਹਿ ਲਿਵ ਲਾਇ॥	ਰਹ-ਹਿ	Eis Jug Mehi Guramukh Niramalae Sach Naam Rehehi Liv Laae ||	In this age, the Gurmukhs are pure; they remain absorbed in the love of the True Name.	ਦੁਨੀਆ ਵਿਚ ਉਹੀ ਮਨੁੱਖ ਪਵਿਤ੍ਰ ਜੀਵਨ ਵਾਲੇ ਹੁੰਦੇ ਹਨ ਜੇਹੜੇ ਗੁਰੂ ਦੀ ਸਰਨ ਪਏ ਰਹਿੰਦੇ ਹਨ, ਉਸ ਸਦਾ-ਥਿਰ ਹਰੀ ਵਿਚ ਸੁਰਤਿ ਜੋੜ ਕੇ ਉਸ ਦੇ ਨਾਮ ਵਿਚ ਲੀਨ ਰਹਿੰਦੇ ਹਨ।

19768	430	ਵਿਣੁ ਕਰਮਾ ਕਿਛੁ ਪਾਈਐ ਨਹੀ ਕਿਆ ਕਰਿ ਕਹਿਆ ਜਾਇ॥੨॥		Vin Karamaa Kishh Paaeeai Nehee Kiaa Kar Kehiaa Jaae ||2||	Without the destiny of good karma, nothing can be obtained; what can we say or do? ||2||	ਪਰ ਕੀਹ ਆਖਿਆ ਜਾਏ? ਪ੍ਰਭੂ ਦੀ ਬਖ਼ਸ਼ਸ਼ ਤੋਂ ਬਿਨਾ ਕੁਝ ਨਹੀਂ ਮਿਲਦਾ ॥੨॥
19769	430	ਆਪੁ ਪਛਾਣਹਿ ਸਬਦਿ ਮਰਹਿ ਮਨਹੁ ਤਜਿ ਵਿਕਾਰ॥		Aap Pashhaanehi Sabadh Marehi Manahu Thaj Vikaar ||	He understands his own self, and dies in the Word of the Shabad; he banishes corruption from his mind.	(ਜਿਨ੍ਹਾਂ ਉਤੇ ਬਖ਼ਸ਼ਸ਼ ਹੁੰਦੀ ਹੈ ਉਹ) ਆਪਣਾ ਜੀਵਨ ਪੜਤਾਲਦੇ ਹਨ, ਗੁਰ-ਸ਼ਬਦ ਦੀ ਰਾਹੀਂ ਮਨ ਵਿਚੋਂ ਵਿਕਾਰ ਦੂਰ ਕਰ ਕੇ ਅਨ ਰਸਾਂ ਵਲੋਂ ਨਿਰਲੇਪ ਹੋ ਜਾਂਦੇ ਹਨ।
19770	430	ਗੁਰ ਸਰਣਾਈ ਭਜਿ ਪਏ ਬਖਸੇ ਬਖਸਣਹਾਰ॥੩॥	ਭੱਜਿ	Gur Saranaaee Bhaj Peae Bakhasae Bakhasanehaar ||3||	He hurries to the Guru's Sanctuary, and is forgiven by the Forgiving Lord. ||3||	ਉਹ ਗੁਰੂ ਦੀ ਸਰਨ ਹੀ ਪਏ ਰਹਿੰਦੇ ਹਨ, ਬਖ਼ਸ਼ਸ਼ਾਂ ਕਰਨ ਵਾਲਾ ਬਖ਼ਸ਼ਿੰਦ ਹਰੀ ਉਹਨਾਂ ਉਤੇ ਬਖ਼ਸ਼ਸ਼ ਕਰਦਾ ਹੈ ॥੩॥
19771	430	ਬਿਨੁ ਨਾਵੈ ਸੁਖੁ ਨ ਪਾਈਐ ਨਾ ਦੁਖੁ ਵਿਚਹੁ ਜਾਇ॥		Bin Naavai Sukh N Paaeeai Naa Dhukh Vichahu Jaae ||	Without the Name, peace is not obtained, and pain does not depart from within.	ਹਰਿ-ਨਾਮ ਤੋਂ ਬਿਨਾ ਸੁਖ ਨਹੀਂ ਮਿਲਦਾ, ਅੰਦਰੋਂ ਦੁੱਖ-ਕਲੇਸ਼ ਦੂਰ ਨਹੀਂ ਹੁੰਦਾ।

19772	430	ਇਹੁ ਜਗੁ ਮਾਇਆ ਮੋਹਿ ਵਿਆਪਿਆ ਦੂਜੈ ਭਰਮਿ ਭੁਲਾਇ॥੪॥		Eihu Jag Maaeiaa Mohi Viaapiaa Dhoojai Bharam Bhulaae ||4||	This world is engrossed in attachment to Maya; it has gone astray in duality and doubt. ||4||	ਪਰ ਇਹ ਜਗਤ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ (ਨਾਮ ਭੁਲ ਕੇ) ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ ॥੪॥
19773	430	ਦੋਹਾਗਣੀ ਪਿਰ ਕੀ ਸਾਰ ਨ ਜਾਣਹੀ ਕਿਆ ਕਰਿ ਕਰਹਿ ਸੀਗਾਰੁ॥		Dhohaaganee Pir Kee Saar N Jaanehee Kiaa Kar Karehi Seegaar ||	The forsaken soul-brides do not know the value of their Husband Lord; how can they decorate themselves?	ਛੁੱਟੜਾਂ (ਭੈੜੀਆਂ ਜੀਵ-ਇਸਤ੍ਰੀਆਂ) ਆਪਣੇ ਪਤੀ ਦੇ ਮਿਲਾਪ ਦੀ ਕਦਰ ਨਹੀਂ ਜਾਣਦੀਆਂ, ਵਿਅਰਥ ਹੀ ਸਰੀਰਕ ਸਿੰਗਾਰ ਕਰਦੀਆਂ ਹਨ,
19774	430	ਅਨ ਦਿਨੁ ਸਦਾ ਜਲਦੀਆ ਫਿਰਹਿ ਸੇਜੈ ਰਵੈ ਨ ਭਤਾਰੁ॥੫॥	ਫਿਰ–ਹਿ	Anadhin Sadhaa Jaladheeaa Firehi Saejai Ravai N Bhathaar ||5||	Night and day, they continually burn, and they do not enjoy the Bed of their Husband Lord. ||5||	ਹਰ ਵੇਲੇ ਸਦਾ ਹੀ (ਅੰਦਰੇ ਅੰਦਰ) ਸੜਦੀਆਂ ਫਿਰਦੀਆਂ ਹਨ, ਤੇ ਉਹਨਾਂ ਲਈ ਖਸਮ ਕਦੇ ਸੇਜ ਉਤੇ ਆਉਂਦਾ ਹੀ ਨਹੀਂ ॥੫॥
19775	430	ਸੋਹਾਗਣੀ ਮਹਲੁ ਪਾਇਆ ਵਿਚਹੁ ਆਪੁ ਗਵਾਇ॥		Sohaaganee Mehal Paaeiaa Vichahu Aap Gavaae ||	The happy soul-brides obtain the Mansion of His Presence, eradicating their self-conceit from within.	ਭਾਗਾਂ ਵਾਲੀਆਂ ਜੀਵ-ਇਸਤ੍ਰੀਆਂ (ਆਪਣੇ) ਅੰਦਰੋਂ ਆਪਾ-ਭਾਵ ਦੂਰ ਕਰ ਕੇ ਪ੍ਰਭੂ-ਪਤੀ ਦੇ ਚਰਨਾਂ ਵਿਚ ਥਾਂ ਲੱਭ ਲੈਂਦੀਆਂ ਹਨ,

19776	430	ਗੁਰ ਸਬਦੀ ਸੀਗਾਰੀਆ ਅਪਣੇ ਸਹਿ ਲਈਆ ਮਿਲਾਇ॥੬॥		Gur Sabadhee Seegaareeaa Apanae Sehi Leeaa Milaae ||6||	They decorate themselves with the Word of the Guru's Shabad, and their Husband Lord unites them with Himself. ||6||	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਆਪਣਾ ਜੀਵਨ ਸੋਹਣਾ ਬਣਾਂਦੀਆਂ ਹਨ, ਖਸਮ-ਪ੍ਰਭੂ ਨੇ ਉਹਨਾਂ ਨੂੰ ਆਪਣੇ ਨਾਲ ਮਿਲਾ ਲਿਆ ਹੈ ॥੬॥
19777	430	ਮਰਣਾ ਮਨਹੁ ਵਿਸਾਰਿਆ ਮਾਇਆ ਮੋਹੁ ਗੁਬਾਰੁ॥	(ਗੁਬਾਰੁ) ਹਨੇਰਾ	Maranaa Manahu Visaariaa Maaeiaa Mohu Gubaar ||	He has forgotten death, in the darkness of attachment to Maya.	ਮਾਇਆ ਦਾ ਮੋਹ ਘੁੱਪ ਹਨੇਰਾ ਹੈ ਜਿਸ ਕਾਰਨ ਲੋਕ ਮੌਤ ਨੂੰ ਮਨ ਤੋਂ ਭੁਲਾ ਦੇਂਦੇ ਹਨ।
19778	430	ਮਨਮੁਖ ਮਰਿ ਮਰਿ ਜੰਮਹਿ ਭੀ ਮਰਹਿ ਜਮ ਦਰਿ ਹੋਹਿ ਖੁਆਰੁ॥੭॥		Manamukh Mar Mar Janmehi Bhee Marehi Jam Dhar Hohi Khuaar ||7||	The self-willed manmukhs die again and again, and are reborn; they die again, and are miserable at the Gate of Death. ||7||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਆਤਮਕ ਮੌਤੇ ਮਰ ਕੇ ਜੰਮਣ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ, ਜਮ ਦੇ ਦਰ ਤੇ ਖ਼ੁਆਰ ਹੁੰਦੇ ਹਨ ॥੭॥
19779	430	ਆਪਿ ਮਿਲਾਇਅਨੁ ਸੇ ਮਿਲੇ ਗੁਰ ਸਬਦਿ ਵੀਚਾਰਿ॥		Aap Milaaeian Sae Milae Gur Sabadh Veechaar ||	They alone are united, whom the Lord unites with Himself; they contemplate the Word of the Guru's Shabad.	ਜਿਨ੍ਹਾਂ ਨੂੰ ਪਰਮਾਤਮਾ ਨੇ ਆਪ ਆਪਣੇ ਚਰਨਾਂ ਵਿਚ ਜੋੜ ਲਿਆ ਉਹ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੇ ਗੁਣਾਂ ਦੀ ਵੀਚਾਰ ਕਰ ਕੇ ਪ੍ਰਭੂ-ਚਰਨਾਂ ਵਿਚ ਲੀਨ ਹੋ ਗਏ।

19780	430	ਨਾਨਕ ਨਾਮਿ ਸਮਾਣੇ ਮੁਖ ਉਜਲੇ ਤਿਤੁ ਸਚੈ ਦਰਬਾਰਿ॥੮॥੨੨॥੧੫॥੩੭॥		Naanak Naam Samaanae Mukh Oujalae Thith Sachai Dharabaar ||8||22||15||37||	O Nanak, they are absorbed in the Naam; their faces are radiant, in that True Court. ||8||22||15||37||	ਹੇ ਨਾਨਕ! ਜੇਹੜੇ ਮਨੁੱਖ ਹਰਿ-ਨਾਮ ਵਿਚ ਰਹਿੰਦੇ ਹਨ ਉਹ ਸਦਾ-ਥਿਰ ਪਰਮਾਤਮਾ ਦੇ ਦਰਬਾਰ ਵਿਚ ਸੁਰਖ਼-ਰੂ ਹੋ ਜਾਂਦੇ ਹਨ ॥੮॥੨੨॥੧੫॥੩੭॥
19781	430	ਆਸਾ ਮਹਲਾ ੫ ਅਸਟਪਦੀਆ ਘਰੁ ੨	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Aasaa Mehalaa 5 Asattapadheeaa Ghar 2	Aasaa, Fifth Mehl, Ashtapadees, Second House:	ਰਾਗ ਆਸਾ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
19782	430	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
19783	430	ਪੰਚ ਮਨਾਏ ਪੰਚ ਰੁਸਾਏ॥	ਸਤ ਸੰਤੋਖ ਦਇਆ ਧਰਮ ਧੀਰਜ। ਪੰਜ ਗੁਣ (ਮਨਾਏ) ਮਨਾ ਲਏ ਹਨ, ਪੰਜ ਔਗੁਣ ਕਾਮ ਕ੍ਰੋਧ ਲੋਭ ਮੋਹ ਹੰਕਾਰ(ਰੁਸਾਏ)ਰੁਸਾ ਦਿਤੇ	Panch Manaaeae Panch Rusaaeae ||	When the five virtues were reconciled, and the five passions were estranged,	(ਆਤਮਕ ਗਿਆਨ ਦੀ ਰਾਹੀਂ) ਮਨੁੱਖ ਨੇ ਆਪਣੇ ਸਰੀਰ-ਨਗਰ ਵਿਚ ਸਤ ਸੰਤੋਖ ਦਇਆ ਧਰਮ ਧੀਰਜ-ਇਹ) ਪੰਜੇ ਪ੍ਰਫੁਲਤ ਕਰ ਲਏ, ਤੇ ਕਾਮਾਦਿਕ ਪੰਜੇ ਨਾਰਾਜ਼ ਕਰ ਲਏ,

19784	430	ਪੰਚ ਵਸਾਏ ਪੰਚ ਗਵਾਏ॥੧॥	ਪੰਜ ਜੋ ਮਨਾਏ ਸਨ ਸੰਤੋਖਾਦਿ ਉਹ ਸ੍ਰੀਰ ਚ (ਵਸਾਏ)ਵਸਾ ਦਿਤੇ ਹਨ। ਪੰਜ ਜੋ ਰੁਸਾਏ ਸਨ ਕਾਮਾਦਿਕ ਉਹ(ਗਵਾਏ)ਗਵਾ ਦਿਤੇ ਹਨ ਭਾਵ ਦੂਰ ਕਰ ਦਿਤੇ ਹਨ	Panch Vasaaeae Panch Gavaaeae ||1||	I enshrined the five within myself, and cast out the other five. ||1||	(ਸਤ ਸੰਤੋਖ ਆਦਿਕ) ਪੰਜ (ਆਪਣੇ ਸਰੀਰ ਨਗਰ ਵਿਚ) ਵਸਾ ਲਏ, ਤੇ, ਕਾਮਾਦਿਕ ਪੰਜੇ (ਨਗਰ ਵਿਚੋਂ) ਕੱਢ ਦਿੱਤੇ ॥੧॥
19785	430	ਇਨ੍ ਬਿਧਿ ਨਗਰੁ ਵੁਠਾ ਮੇਰੇ ਭਾਈ॥	(ਵੁੱਠਾ) ਵਸਿਆ। ਨੱਗਰੁ	Einh Bidhh Nagar Vuthaa Maerae Bhaaee ||	In this way, the village of my body became inhabited, O my Siblings of Destiny.	ਹੇ ਮੇਰੇ ਵੀਰ! ਇਸ ਤਰੀਕੇ ਨਾਲ ਉਸ ਮਨੁੱਖ ਦਾ ਸਰੀਰ-ਨਗਰ ਵੱਸ ਪਿਆ,
19786	430	ਦੁਰਤੁ ਗਇਆ ਗੁਰਿ ਗਿਆਨੁ ਦ੍ਰਿੜਾਈ॥੧॥ਰਹਾਉ ॥	(ਦੁਰ-ਤੁ) ਪਾਪ	Dhurath Gaeiaa Gur Giaan Dhrirraaee ||1|| Rehaao ||	Vice departed, and the Guru's spiritual wisdom was implanted within me. ||1||Pause||	ਤੇ ਉਸ ਦੇ ਅੰਦਰੋਂ ਵਿਕਾਰ-ਪਾਪ ਦੂਰ ਹੋ ਗਿਆ, ਜਦੋਂ ਗੁਰੂ ਨੇ ਆਤਮਕ ਜੀਵਨ ਦੀ ਸੂਝ ਪੱਕੀ ਤਰ੍ਹਾਂ ਦੇ ਦਿੱਤੀ ॥੧॥ ਰਹਾਉ ॥
19787	430	ਸਾਚ ਧਰਮ ਕੀ ਕਰਿ ਦੀਨੀ ਵਾਰਿ॥	(ਵਾਰਿ) ਵਾੜ	Saach Dhharam Kee Kar Dheenee Vaar ||	The fence of true Dharmic religion has been built around it.	ਗੁਰੂ ਨੇ (ਗਿਆਨ ਰਾਹੀਂ) ਸਦਾ-ਥਿਰ ਪ੍ਰਭੂ ਦੇ ਨਿੱਤ ਦੇ ਸਿਮਰਨ ਦੀ ਵਾੜ ਦੇ ਦਿੱਤੀ,

19788	430	ਫਰਹੇ ਮੁਹਕਮ ਗੁਰ ਗਿਆਨੁ ਬੀਚਾਰਿ॥੨॥	(ਫਰਹੇ) ਫਾਟਕ, ਗਿਆਨ ਇੰਦ੍ਰੇ। (ਮੁਹਕਮ)ਇਸਥਿੱਤ	Farehae Muhakam Gur Giaan Beechaar ||2||	The spiritual wisdom and reflective meditation of the Guru has become its strong gate. ||2||	ਤੇ ਗਿਆਨ ਨੂੰ ਸੋਚ-ਮੰਡਲ ਵਿਚ ਟਿਕਾ ਕੇ ਉਸ ਨੇ ਆਪਣੇ ਖਿੜਕ (ਗਿਆਨ-ਇੰਦ੍ਰੇ) ਪੱਕੇ ਕਰ ਲਏ ॥੨॥
19789	430	ਨਾਮੁ ਖੇਤੀ ਬੀਜਹੁ ਭਾਈ ਮੀਤ॥		Naam Khaethee Beejahu Bhaaee Meeth ||	So plant the seed of the Naam, the Name of the Lord, O friends, O Siblings of Destiny.	ਹੇ ਮੇਰੇ ਮਿੱਤਰ! ਹੇ ਮੇਰੇ ਭਾਈ! ਤੁਸੀਂ ਵੀ ਸਦਾ ਪਰਮਾਤਮਾ ਦਾ ਨਾਮ ਸਰੀਰ-ਪੈਲੀ ਵਿੱਚ ਬੀਜਿਆ ਕਰੋ,
19790	430	ਸਉਦਾ ਕਰਹੁ ਗੁਰੁ ਸੇਵਹੁ ਨੀਤ॥੩॥		Soudhaa Karahu Gur Saevahu Neeth ||3||	Deal only in the constant service of the Guru. ||3||	ਗੁਰੂ ਦੀ ਸਰਨ ਲਵੋ ਤੇ ਸਰੀਰ-ਨਗਰ ਵਿਚ ਨਾਮ ਸਿਮਰਨ ਦਾ ਸੌਦਾ ਕਰਦੇ ਰਹੋ! ॥੩॥
19791	430	ਸਾਂਤਿ ਸਹਜ ਸੁਖ ਕੇ ਸਭਿ ਹਾਟ॥		Saanth Sehaj Sukh Kae Sabh Haatt ||	With intuitive peace and happiness, all the shops are filled.	ਉਹਨਾਂ ਦੇ ਸਾਰੇ ਹੱਟ (ਸਾਰੇ ਗਿਆਨ-ਇੰਦ੍ਰੇ) ਸ਼ਾਂਤੀ, ਆਤਮਕ ਅਡੋਲਤਾ, ਤੇ ਆਤਮਕ ਆਨੰਦ ਦੇ ਹੱਟ ਬਣ ਜਾਂਦੇ ਹਨ,
19792	430	ਸਾਹ ਵਾਪਾਰੀ ਏਕੈ ਥਾਟ॥੪॥	(ਥਾਟ) ਰੂਪ	Saah Vaapaaree Eaekai Thhaatt ||4||	The Banker and the dealers dwell in the same place. ||4||	ਜੇਹੜੇ (ਸਿੱਖ-) ਵਣਜਾਰੇ (ਗੁਰੂ-) ਸ਼ਾਹ ਦੇ ਨਾਲ ਇੱਕ-ਰੂਪ ਹੋ ਜਾਂਦੇ ਹਨ ॥੪॥

19793	430	ਜੇਜੀਆ ਡੰਨੁ ਕੋ ਲਏ ਨ ਜਗਾਤਿ॥	ਜੀਆਂ ਪ੍ਰਤੀ ਕਾਮਾਦਿਕਾਂ ਦਾ ਡੰਨੁ (ਜੇਜੀਆ) ਟੈਕਸ। (ਡੰਨੁ)ਲੋਕ ਡੰਡ ਪਿਤ੍ਰ ਡੰਡ ਆਦਿਕ। ਕਰਮਾਂ ਧਰਮਾਂ ਦਾ (ਜਗਾਤਿ) ਚੁੰਗੀ ਜਮਦੂਤ ਨਹੀਂ ਲੈਂਦੇ	Jaejeeaa Ddann Ko Leae N Jagaath ||	There is no tax on non-believers, nor any fines or taxes at death.	ਕੋਈ (ਪਾਪ ਵਿਕਾਰ ਉਹਨਾਂ ਦੇ ਹਰਿ-ਨਾਮ ਸੌਦੇ ਉਤੇ) ਜਜ਼ੀਆ ਡੰਨ ਮਸੂਲ ਨਹੀਂ ਲਾ ਸਕਦਾ (ਕੋਈ ਵਿਕਾਰ ਉਹਨਾਂ ਦੇ ਆਤਮਕ ਜੀਵਨ ਵਿਚ ਕੋਈ ਖ਼ਰਾਬੀ ਪੈਦਾ ਨਹੀਂ ਕਰ ਸਕਦਾ),
19794	430	ਸਤਿਗੁਰਿ ਕਰਿ ਦੀਨੀ ਧੁਰ ਕੀ ਛਾਪ॥੫॥	(ਛਾਪ) ਮੋਹਰ ਮਾਫ਼ੀ ਦੀ	Sathigur Kar Dheenee Dhhur Kee Shhaap ||5||	The True Guru has set the Seal of the Primal Lord upon these goods. ||5||	ਜਿਨ੍ਹਾਂ ਨੂੰ ਗੁਰੂ ਨੇ ਪ੍ਰਭੂ-ਦਰ ਤੋਂ ਪਰਵਾਨ ਹੋਈ ਹੋਈ ਮਾਫ਼ੀ ਦੀ ਮੋਹਰ ਬਖ਼ਸ਼ ਦਿੱਤੀ ॥੫॥
19795	430	ਵਖਰੁ ਨਾਮੁ ਲਦਿ ਖੇਪ ਚਲਾਵਹੁ॥	(ਵਖਰੁ) ਸੌਦਾ। (ਖੇਪ) ਮਾਲ ਲੱਦਿਆ ਹੋਇਆ	Vakhar Naam Ladh Khaep Chalaavahu ||	So load the merchandise of the Naam, and set sail with your cargo.	ਗੁਰੂ ਦੀ ਸਰਨ ਪੈ ਕੇ ਤੁਸੀ ਭੀ ਹਰਿ-ਨਾਮ ਸਿਮਰਨ ਦਾ ਸੌਦਾ ਲੱਦ ਕੇ (ਆਤਮਕ ਜੀਵਨ ਦਾ) ਵਪਾਰ ਕਰੋ,
19796	430	ਲੈ ਲਾਹਾ ਗੁਰਮੁਖਿ ਘਰਿ ਆਵਹੁ॥੬॥		Lai Laahaa Guramukh Ghar Aavahu ||6||	Earn your profit, as Gurmukh, and you shall return to your own home. ||6||	(ਉੱਚੇ ਆਤਮਕ ਜੀਵਨ ਦਾ) ਲਾਭ ਖੱਟੋ ਤੇ ਪ੍ਰਭੂ ਦੇ ਚਰਨਾਂ ਵਿਚ ਟਿਕਾਣਾ ਪ੍ਰਾਪਤ ਕਰੋ ॥੬॥
19797	430	ਸਤਿਗੁਰੁ ਸਾਹੁ ਸਿਖ ਵਣਜਾਰੇ॥		Sathigur Saahu Sikh Vanajaarae ||	The True Guru is the Banker, and His Sikhs are the traders.	ਗੁਰੂ (ਹੀ ਇਸ ਸਰਮਾਏ ਦਾ) ਸਾਹੂਕਾਰ ਹੈ (ਜਿਸ ਪਾਸੋਂ ਆਤਮਕ ਜੀਵਨ ਦਾ) ਵਣਜ ਕਰਨ ਵਾਲੇ ਸਿੱਖ ਹਰਿ-ਨਾਮ ਦਾ ਸਰਮਾਇਆ ਹਾਸਲ ਕਰਦੇ ਹਨ,

19798	430	ਪੂੰਜੀ ਨਾਮੁ ਲੇਖਾ ਸਾਚੁ ਸਮ੍ਹਾਰੇ॥੭॥	(ਪੂੰਜੀ) ਮਾਲ ਧਨ	Poonjee Naam Laekhaa Saach Samhaarae ||7||	Their merchandise is the Naam, and meditation on the True Lord is their account. ||7||	ਐਸੇ ਸਿਖ ਸਦਾ-ਥਿਰ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਸਾਂਭ ਕੇ ਰੱਖਦੇ ਹਨ ਤੇ ਇਹੀ ਹੈ ਲੇਖਾ-ਹਿਸਾਬ ਉਹਨਾਂ ਲਈ ॥੭॥
19799	430	ਸੋ ਵਸੈ ਇਤੁ ਘਰਿ ਜਿਸੁ ਗੁਰੁ ਪੂਰਾ ਸੇਵ॥		So Vasai Eith Ghar Jis Gur Pooraa Saev ||	One who serves the True Guru dwells in this house.	ਉਹ ਇਸ (ਐਸੇ ਹਿਰਦੇ-) ਘਰ ਵਿਚ ਵੱਸਦਾ ਰਹਿੰਦਾ ਹੈ ਜਿਸ ਨੂੰ ਪੂਰਾ ਗੁਰੂ ਪ੍ਰਭੂ ਦੀ ਸੇਵਾ-ਭਗਤੀ ਦੀ ਦਾਤ ਬਖ਼ਸ਼ਦਾ ਹੈ,
19800	430	ਅਬਿਚਲ ਨਗਰੀ ਨਾਨਕ ਦੇਵ॥੮॥੧॥	(ਅਬਿ-ਚਲ) ਅਟੱਲ। ਨੱਗਰੀ	Abichal Nagaree Naanak Dhaev ||8||1||	O Nanak, the Divine City is eternal. ||8||1||	ਤੇ ਜੋ ਪਰਮਾਤਮਾ ਦੇ ਰਹਿਣ ਵਾਸਤੇ (ਵਿਕਾਰਾਂ ਵਿਚ) ਕਦੇ ਨਾਹ ਡੋਲਣ ਵਾਲੀ ਨਗਰੀ ਬਣ ਜਾਂਦਾ ਹੈ, ਹੇ ਨਾਨਕ! ॥੮॥੧॥
19801	431	ਆਸਾਵਰੀ ਮਹਲਾ ੫ ਘਰੁ ੩	ਆ-ਸਾ-ਵਰੀ। ਘਰੁ ਤੀਜਾ	Aasaavaree Mehalaa 5 Ghar 3	Aasaavaree, Fifth Mehl, Third House:	ਰਾਗ ਆਸਾਵਰੀ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
19802	431	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
19803	431	ਮੇਰੇ ਮਨ ਹਰਿ ਸਿਉ ਲਾਗੀ ਪ੍ਰੀਤਿ॥		Maerae Man Har Sio Laagee Preeth ||	My mind is in love with the Lord.	ਹੇ ਮੇਰੇ ਮਨ! ਜਿਸ ਮਨੁੱਖ ਦੀ ਪ੍ਰੀਤ ਪਰਮਾਤਮਾ ਨਾਲ ਬਣ ਜਾਂਦੀ ਹੈ,

19804	431	ਸਾਧਸੰਗਿ ਹਰਿ ਹਰਿ ਜਪਤ ਨਿਰਮਲ ਸਾਚੀ ਰੀਤਿ॥੧॥ਰਹਾਉ॥	(ਰੀਤਿ) ਮਰਯਾਦਾ	Saadhhasang Har Har Japath Niramal Saachee Reeth ||1|| Rehaao ||	In the Saadh Sangat, the Company of the Holy, I meditate on the Lord, Har, Har; my lifestyle is pure and true. ||1||Pause||	ਗੁਰੂ ਦੀ ਸੰਗਤਿ ਵਿਚ ਪਰਮਾਤਮਾ ਦਾ ਨਾਮ ਜਪਦਿਆਂ ਉਸ ਦੀ ਇਹੋ ਰੋਜ਼ਾਨਾ ਪਵਿਤ੍ਰ ਕਾਰ ਬਣ ਜਾਂਦੀ ਹੈ ਕਿ ਸਦਾ-ਥਿਰ ਪ੍ਰਭੂ ਦਾ ਨਾਮ ਜਪਦਾ ਰਹਿੰਦਾ ਹੈ ॥੧॥ ਰਹਾਉ ॥
19805	431	ਦਰਸਨ ਕੀ ਪਿਆਸ ਘਣੀ ਚਿਤਵਤ ਅਨਿਕ ਪ੍ਰਕਾਰ॥	(ਚਿਤਵਤ) ਚੇਤੇ ਕਰਦੇ	Dharasan Kee Piaas Ghanee Chithavath Anik Prakaar ||	I have such a great thirst for the Blessed Vision of His Darshan; I think of him in so many ways.	ਹੇ ਪ੍ਰਭੂ! ਤੇਰੇ ਅਨੇਕਾਂ ਕਿਸਮਾਂ ਦੇ ਗੁਣਾਂ ਨੂੰ ਯਾਦ ਕਰਦਿਆਂ (ਮੇਰੇ ਅੰਦਰ) ਤੇਰੇ ਦਰਸਨ ਦੀ ਤਾਂਘ ਬਹੁਤ ਬਣ ਗਈ ਹੈ,
19806	431	ਕਰਹੁ ਅਨੁਗ੍ਰਹੁ ਪਾਰਬ੍ਰਹਮ ਹਰਿ ਕਿਰਪਾ ਧਾਰਿ ਮੁਰਾਰਿ॥੧॥	(ਅ-ਨੁੱਗ੍ਰਹੁ) ਕ੍ਰਿਪਾ	Karahu Anugrahu Paarabreham Har Kirapaa Dhhaar Muraar ||1||	So be Merciful, O Supreme Lord; shower Your Mercy upon me, O Lord, Destroyer of pride. ||1||	ਹੇ ਪਾਰਬ੍ਰਹਮ! ਹੇ ਮੁਰਾਰੀ! ਮੇਹਰ ਕਰ, ਕਿਰਪਾ ਕਰ (ਦੀਦਾਰ ਬਖ਼ਸ਼) ॥੧॥
19807	431	ਮਨੁ ਪਰਦੇਸੀ ਆਇਆ ਮਿਲਿਓ ਸਾਧ ਕੈ ਸੰਗਿ॥		Man Paradhaesee Aaeiaa Miliou Saadhh Kai Sang ||	My stranger soul has come to join the Saadh Sangat.	ਅਨੇਕਾਂ ਜੂਨਾਂ ਵਿਚ ਭਟਕਦਾ ਜਦੋਂ ਕੋਈ ਮਨ ਗੁਰੂ ਦੀ ਸੰਗਤਿ ਵਿਚ ਆ ਮਿਲਦਾ ਹੈ,

19808	431	ਜਿਸੁ ਵਖਰ ਕਉ ਚਾਹਤਾ ਸੋ ਪਾਇਓ ਨਾਮਹਿ ਰੰਗਿ॥੨॥	ਵੱਖਰ	Jis Vakhar Ko Chaahathaa So Paaeiou Naamehi Rang ||2||	That commodity, which I longed for, I have found in the Love of the Naam, the Name of the Lord. ||2||	ਜਿਸ (ਉੱਚੇ ਆਤਮਕ ਜੀਵਨ ਦੇ) ਸੌਦੇ ਨੂੰ ਉਹ ਸਦਾ ਤਰਸਦਾ ਆ ਰਿਹਾ ਸੀ ਉਹ ਉਸ ਨੂੰ ਪਰਮਾਤਮਾ ਦੇ ਨਾਮ ਦੇ ਪਿਆਰ ਵਿਚ ਜੁੜਿਆਂ ਮਿਲ ਜਾਂਦਾ ਹੈ ॥੨॥
19809	431	ਜੇਤੇ ਮਾਇਆ ਰੰਗ ਰਸ ਬਿਨਸਿ ਜਾਹਿ ਖਿਨ ਮਾਹਿ॥		Jaethae Maaeiaa Rang Ras Binas Jaahi Khin Maahi ||	There are so many pleasures and delights of Maya, but they pass away in an instant.	ਮਾਇਆ ਦੇ ਜਿਤਨੇ ਭੀ ਕੌਤਕ ਤੇ ਸੁਆਦਲੇ ਪਦਾਰਥ ਦਿੱਸ ਰਹੇ ਹਨ ਇਕ ਖਿਨ ਵਿਚ ਨਾਸ ਹੋ ਜਾਂਦੇ ਹਨ,
19810	431	ਭਗਤ ਰਤੇ ਤੇਰੇ ਨਾਮ ਸਿਉ ਸੁਖੁ ਭੁੰਚਹਿ ਸਭ ਠਾਇ॥੩॥	(ਭੁੰਚਹਿ) ਮਾਣਦੇ	Bhagath Rathae Thaerae Naam Sio Sukh Bhunchehi Sabh Thaae ||3||	Your devotees are imbued with Your Name; they enjoy peace everywhere. ||3||	ਤੇਰੇ ਭਗਤ ਤੇਰੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹ ਹਰ ਥਾਂ ਅਨੰਦ ਮਾਣਦੇ ਹਨ ॥੩॥
19811	431	ਸਭੁ ਜਗੁ ਚਲਤਉ ਪੇਖੀਐ ਨਿਹਚਲੁ ਹਰਿ ਕੋ ਨਾਉ॥	ਚੱਲ-ਤਉ	Sabh Jag Chalatho Paekheeai Nihachal Har Ko Naao ||	The entire world is seen to be passing away; only the Lord's Name is lasting and stable.	ਸਾਰਾ ਸੰਸਾਰ ਨਾਸਵੰਤ ਦਿੱਸ ਰਿਹਾ ਹੈ, ਸਦਾ ਕਾਇਮ ਰਹਿਣ ਵਾਲਾ ਸਿਰਫ਼ ਪਰਮਾਤਮਾ ਦਾ ਨਾਮ ਹੀ ਹੈ।
19812	431	ਕਰਿ ਮਿਤ੍ਰਾਈ ਸਾਧ ਸਿਉ ਨਿਹਚਲੁ ਪਾਵਹਿ ਠਾਉ॥੪॥		Kar Mithraaee Saadhh Sio Nihachal Paavehi Thaao ||4||	So make friends with the Holy Saints, so that you may obtain a lasting place of rest. ||4||	ਗੁਰੂ ਨਾਲ ਪਿਆਰ ਪਾ (ਉਸ ਪਾਸੋਂ ਇਹ ਹਰਿ-ਨਾਮ ਮਿਲੇਗਾ, ਤੇ) ਤੂੰ ਉਹ ਟਿਕਾਣਾ ਲੱਭ ਲਏਂਗਾ ਜੇਹੜਾ ਕਦੀ ਭੀ ਨਾਸ ਹੋਣ ਵਾਲਾ ਨਹੀਂ ॥੪॥

19813	431	ਮੀਤ ਸਾਜਨ ਸੁਤ ਬੰਧਪਾ ਕੋਊ ਹੋਤ ਨ ਸਾਥ॥		Meeth Saajan Suth Bandhhapaa Kooo Hoth N Saathh ||	Friends, acquaintances, children and relatives - none of these shall be your companion.	ਮਿੱਤਰ, ਸੱਜਣ, ਪੁੱਤਰ, ਰਿਸ਼ਤੇਦਾਰ-ਕੋਈ ਭੀ ਸਦਾ ਦੇ ਸਾਥੀ ਨਹੀਂ ਬਣ ਸਕਦੇ।
19814	431	ਏਕੁ ਨਿਵਾਹੂ ਰਾਮ ਨਾਮ ਦੀਨਾ ਕਾ ਪ੍ਰਭੁ ਨਾਥ॥੫॥	(ਨਿਵਾਹੂ) ਨਿਭਣ ਵਾਲਾ	Eaek Nivaahoo Raam Naam Dheenaa Kaa Prabh Naathh ||5||	The Lord's Name alone shall go with you; God is the Master of the meek. ||5||	ਸਦਾ ਸਾਥ ਨਿਬਾਹੁਣ ਵਾਲਾ ਸਿਰਫ਼ ਉਸ ਪਰਮਾਤਮਾ ਦਾ ਨਾਮ ਹੀ ਹੈ ਜੇਹੜਾ ਗਰੀਬਾਂ ਦਾ ਰਾਖਾ ਹੈ ॥੫॥
19815	431	ਚਰਨਕਮਲ ਬੋਹਿਥ ਭਏ ਲਗਿ ਸਾਗਰੁ ਤਰਿਓ ਤੇਹ॥	(ਤੇਹ) ਤਿਨਾਂ ਨਾਲ	Charan Kamal Bohithh Bheae Lag Saagar Thariou Thaeh ||	The Lord's Lotus Feet are the Boat; attached to Them, you shall cross over the world-ocean.	ਜਿਸ ਮਨੁੱਖ ਦੇ ਵਾਸਤੇ ਗੁਰੂ ਦੇ ਸੋਹਣੇ ਕੋਮਲ ਚਰਨ ਜਹਾਜ਼ ਬਣ ਗਏ ਉਹ ਇਹਨਾਂ ਚਰਨਾਂ ਵਿਚ ਜੁੜ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ।
19816	431	ਭੇਟਿਓ ਪੂਰਾ ਸਤਿਗੁਰੂ ਸਾਚਾ ਪ੍ਰਭ ਸਿਉ ਨੇਹ॥੬॥	(ਭੇਟਿਓ) ਮਿਲੇ	Bhaettiou Pooraa Sathiguroo Saachaa Prabh Sio Naeh ||6||	Meeting with the Perfect True Guru, I embrace True Love for God. ||6||	ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪਿਆ, ਉਸ ਦਾ ਪਰਮਾਤਮਾ ਨਾਲ ਸਦਾ ਲਈ ਪੱਕਾ ਪਿਆਰ ਬਣ ਗਿਆ ॥੬॥
19817	431	ਸਾਧ ਤੇਰੇ ਕੀ ਜਾਚਨਾ ਵਿਸਰੁ ਨ ਸਾਸਿ ਗਿਰਾਸਿ॥	(ਜੱਾਚਨਾ) ਮੰਗ	Saadhh Thaerae Kee Jaachanaa Visar N Saas Giraas ||	The prayer of Your Holy Saints is, ""May I never forget You, for even one breath or morsel of food.""	ਹੇ ਪ੍ਰਭੂ! ਤੇਰੇ ਸੇਵਕ ਦੀ (ਤੇਰੇ ਪਾਸੋਂ ਸਦਾ ਇਹੀ) ਮੰਗ ਹੈ ਕਿ ਸਾਹ ਲੈਂਦਿਆਂ ਰੋਟੀ ਖਾਂਦਿਆਂ ਕਦੇ ਭੀ ਨਾਹ ਵਿੱਸਰ।

19818	431	ਜੋ ਤੁਧੁ ਭਾਵੈ ਸੋ ਭਲਾ ਤੇਰੈ ਭਾਣੈ ਕਾਰਜ ਰਾਸਿ॥੭॥		Jo Thudhh Bhaavai So Bhalaa Thaerai Bhaanai Kaaraj Raas ||7||	Whatever is pleasing to Your Will is good; by Your Sweet Will, my affairs are adjusted. ||7||	ਜੋ ਕੁਝ ਤੈਨੂੰ ਚੰਗਾ ਲੱਗਦਾ ਹੈ ਤੇਰੇ ਸੇਵਕ ਨੂੰ ਭੀ ਉਹੀ ਚੰਗਾ ਲੱਗਦਾ ਹੈ, ਤੇਰੀ ਰਜ਼ਾ ਵਿਚ ਤੁਰਿਆਂ ਤੇਰੇ ਸੇਵਕ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ ॥੭॥
19819	431	ਸੁਖਸਾਗਰ ਪ੍ਰੀਤਮ ਮਿਲੇ ਉਪਜੇ ਮਹਾ ਅਨੰਦ॥		Sukh Saagar Preetham Milae Oupajae Mehaa Anandh ||	I have met my Beloved, the Ocean of Peace, and Supreme Bliss has welled up within me.	ਸੁਖਾਂ ਦਾ ਸਮੁੰਦਰ ਪ੍ਰੀਤਮ-ਪ੍ਰਭੂ ਜੀ ਜਿਸ ਮਨੁੱਖ ਨੂੰ ਮਿਲ ਪੈਂਦੇ ਹਨ ਉਸ ਦੇ ਅੰਦਰ ਬੜਾ ਆਨੰਦ ਪੈਦਾ ਹੋ ਜਾਂਦਾ ਹੈ,
19820	431	ਕਹੁ ਨਾਨਕ ਸਭ ਦੁਖ ਮਿਟੇ ਪ੍ਰਭ ਭੇਟੇ ਪਰਮਾਨੰਦ॥੮॥੧॥੨॥	(ਭੇਟੇ) ਮਿਲੇ	Kahu Naanak Sabh Dhukh Mittae Prabh Bhaettae Paramaanandh ||8||1||2||	Says Nanak, all my pains have been eradicated, meeting with God, the Lord of Supreme Bliss. ||8||1||2||	ਨਾਨਕ ਆਖਦਾ ਹੈ- ਸਭ ਤੋਂ ਸ੍ਰੇਸ਼ਟ ਆਨੰਦ ਦੇ ਮਾਲਕ ਪ੍ਰਭੂ ਜੀ ਜਿਸ ਨੂੰ ਮਿਲਦੇ ਹਨ ਉਸ ਦੇ ਸਾਰੇ ਦੁੱਖ-ਕਲੇਸ਼ ਦੂਰ ਹੋ ਜਾਂਦੇ ਹਨ ॥੮॥੧॥੨॥
19821	431	ਆਸਾ ਮਹਲਾ ੫ ਬਿਰਹੜੇ ਘਰੁ ੪ ਛੰਤਾ ਕੀ ਜਤਿ	ਘਰੁ ਚੌਥਾ। ਜਤਿ:ਪੋਲਾ ਬੋਲੋ	Aasaa Mehalaa 5 Bireharrae Ghar 4 Shhanthaa Kee Jathi	Aasaa, Fifth Mehl, Birharray ~ Songs Of Separation, To Be Sung In The Tune Of The Chhants. Fourth House:	ਰਾਗ ਆਸਾ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਬਿਰਹੜੇ ਛੰਤਾਂ ਕੀ ਜਤਿ'।
19822	431	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

19823	431	ਪਾਰਬ੍ਰਹਮੁ ਪ੍ਰਭੁ ਸਿਮਰੀਐ ਪਿਆਰੇ ਦਰਸਨ ਕਉ ਬਲਿ ਜਾਉ॥੧॥		Paarabreham Prabh Simareeai Piaarae Dharasan Ko Bal Jaao ||1||	Remember the Supreme Lord God, O Beloved, and make yourself a sacrifice to the Blessed Vision of His Darshan. ||1||	ਹੇ ਪਿਆਰੇ! ਸਦਾ ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ, ਮੈਂ ਉਸ ਪਰਮਾਤਮਾ ਦੇ ਦਰਸਨ ਤੋਂ ਸਦਕੇ ਜਾਂਦਾ ਹਾਂ ॥੧॥
19824	431	ਜਿਸੁ ਸਿਮਰਤ ਦੁਖ ਬੀਸਰਹਿ ਪਿਆਰੇ ਸੋ ਕਿਉ ਤਜਣਾ ਜਾਇ॥੨॥	ਬੀਸਰ-ਹਿ	Jis Simarath Dhukh Beesarehi Piaarae So Kio Thajanaa Jaae ||2||	Remembering Him, sorrows are forgotten, O Beloved; how can one forsake Him? ||2||	ਹੇ ਪਿਆਰੇ! ਜਿਸ ਪਰਮਾਤਮਾ ਦਾ ਸਿਮਰਨ ਕੀਤਿਆਂ ਸਾਰੇ ਦੁੱਖ ਭੁੱਲ ਜਾਂਦੇ ਹਨ, ਉਸ ਨੂੰ ਛੱਡਣਾ ਨਹੀਂ ਚਾਹੀਦਾ ॥੨॥
19825	431	ਇਹੁ ਤਨੁ ਵੇਚੀ ਸੰਤ ਪਹਿ ਪਿਆਰੇ ਪ੍ਰੀਤਮੁ ਦੇਇ ਮਿਲਾਇ॥੩॥		Eihu Than Vaechee Santh Pehi Piaarae Preetham Dhaee Milaae ||3||	I would sell this body to the Saint, O Beloved, if he would lead me to my Dear Lord. ||3||	ਹੇ ਪਿਆਰੇ! ਮੈਂ ਤਾਂ ਆਪਣਾ ਇਹ ਸਰੀਰ ਉਸ ਗੁਰੂ ਦੇ ਪਾਸ ਵੇਚਣ ਨੂੰ ਤਿਆਰ ਹਾਂ ਜਿਹੜਾ ਪ੍ਰੀਤਮ-ਪ੍ਰਭੂ ਨਾਲ ਮਿਲਾ ਦੇਂਦਾ ਹੈ ॥੩॥
19826	431	ਸੁਖ ਸੀਗਾਰ ਬਿਖਿਆ ਕੇ ਫੀਕੇ ਤਜਿ ਛੋਡੇ ਮੇਰੀ ਮਾਇ॥੪॥		Sukh Seegaar Bikhiaa Kae Feekae Thaj Shhoddae Maeree Maae ||4||	The pleasures and adornments of corruption are insipid and useless; I have forsaken and abandoned them, O my Mother. ||4||	ਹੇ ਮੇਰੀ ਮਾਂ! ਮੈਂ ਮਾਇਆ ਦੇ ਸੁਖ ਮਾਇਆ ਦੇ ਸੁਹਜ ਸਭ ਛੱਡ ਦਿੱਤੇ ਹਨ (ਨਾਮ-ਰਸ ਦੇ ਟਾਕਰੇ ਤੇ ਇਹ ਸਾਰੇ) ਬੇ-ਸੁਆਦੇ ਹਨ ॥੪॥

19827	431	ਕਾਮੁ ਕ੍ਰੋਧੁ ਲੋਭੁ ਤਜਿ ਗਏ ਪਿਆਰੇ ਸਤਿਗੁਰ ਚਰਨੀ ਪਾਇ॥੫॥		Kaam Krodhh Lobh Thaj Geae Piaarae Sathigur Charanee Paae ||5||	Lust, anger and greed left me, O Beloved, when I fell at the Feet of the True Guru. ||5||	ਹੇ ਪਿਆਰੇ! ਜਦੋਂ ਦਾ ਮੈਂ ਗੁਰੂ ਦੀ ਚਰਨੀਂ ਜਾ ਪਿਆ ਹਾਂ, ਕਾਮ ਕ੍ਰੋਧ ਲੋਭ ਆਦਿਕ ਸਾਰੇ ਮੇਰਾ ਖਹਿੜਾ ਛੱਡ ਗਏ ਹਨ ॥੫॥
19828	431	ਜੋ ਜਨ ਰਾਤੇ ਰਾਮ ਸਿਉ ਪਿਆਰੇ ਅਨਤ ਨ ਕਾਹੂ ਜਾਇ॥੬॥	(ਅਨਤ) ਹੋਰ ਥਾਂ	Jo Jan Raathae Raam Sio Piaarae Anath N Kaahoo Jaae ||6||	Those humble beings who are imbued with the Lord, O Beloved, do not go anywhere else. ||6||	ਹੇ ਪਿਆਰੇ! ਜੇਹੜੇ ਮਨੁੱਖ ਪਰਮਾਤਮਾ ਦੇ ਪ੍ਰੇਮ-ਰੰਗ ਨਾਲ ਰੰਗੇ ਜਾਂਦੇ ਹਨ (ਪਰਮਾਤਮਾ ਨੂੰ ਛੱਡ ਕੇ ਉਹਨਾਂ ਵਿਚੋਂ ਕੋਈ ਭੀ) ਕਿਸੇ ਹੋਰ ਥਾਂ ਨਹੀਂ ਜਾਂਦਾ ॥੬॥
19829	431	ਹਰਿ ਰਸੁ ਜਿਨ੍ਹੀ ਚਾਖਿਆ ਪਿਆਰੇ ਤ੍ਰਿਪਤਿ ਰਹੇ ਆਘਾਇ॥੭॥	(ਆਘਾਇ) ਰੱਜੇ	Har Ras Jinhee Chaakhiaa Piaarae Thripath Rehae Aaghaae ||7||	Those who have tasted the Lord's sublime essence, O Beloved, remain satisfied and satiated. ||7||	ਜੇਹੜੇ ਮਨੁੱਖ ਪਰਮਾਤਮਾ ਦੇ ਨਾਮ ਦਾ ਸੁਆਦ ਚੱਖ ਲੈਂਦੇ ਹਨ ਉਹ (ਮਾਇਕ ਪਦਾਰਥਾਂ ਵਲੋਂ) ਤ੍ਰਿਪਤ ਹੋ ਜਾਂਦੇ ਹਨ, ਰੱਜ ਜਾਂਦੇ ਹਨ ॥੭॥
19830	431	ਅੰਚਲੁ ਗਹਿਆ ਸਾਧ ਕਾ ਨਾਨਕ ਭੈ ਸਾਗਰੁ ਪਾਰਿ ਪਰਾਇ॥੮॥੧॥੩॥	(ਅੰਚਲੁ) ਪੱਲਾ। (ਗਹਿਆ) ਫੜਿਆ	Anchal Gehiaa Saadhh Kaa Naanak Bhai Saagar Paar Paraae ||8||1||3||	One who grasps the Hem of the Gown of the Holy Saint, O Nanak, crosses over the terrible world-ocean. ||8||1||3||	ਹੇ ਨਾਨਕ! ਜਿਸ ਮਨੁੱਖ ਨੇ ਗੁਰੂ ਦਾ ਪੱਲਾ ਫੜ ਲਿਆ ਉਹ ਇਸ ਭਿਆਨਕ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੮॥੧॥੩॥

19831	431	ਜਨਮ ਮਰਣ ਦੁਖੁ ਕਟੀਐ ਪਿਆਰੇ ਜਬ ਭੇਟੈ ਹਰਿ ਰਾਇ॥੧॥	(ਭੇਟੈ) ਮਿਲੇ	Janam Maran Dhukh Katteeai Piaarae Jab Bhaettai Har Raae ||1||	The pains of birth and death are removed, O Beloved, when the mortal meets with the Lord, the King. ||1||	ਹੇ ਪਿਆਰੇ! ਜਦੋਂ ਪ੍ਰਭੂ-ਪਾਤਿਸ਼ਾਹ ਮਿਲ ਪੈਂਦਾ ਹੈ ਤਦੋਂ ਜਨਮ ਮਰਨ ਦੇ ਗੇੜ ਦਾ ਦੁੱਖ ਕੱਟਿਆ ਜਾਂਦਾ ਹੈ ॥੧॥
19832	431	ਸੁੰਦਰੁ ਸੁਘਰੁ ਸੁਜਾਣੁ ਪ੍ਰਭੁ ਮੇਰਾ ਜੀਵਨੁ ਦਰਸੁ ਦਿਖਾਇ॥੨॥		Sundhar Sughar Sujaan Prabh Maeraa Jeevan Dharas Dhikhaae ||2||	God is so Beautiful, so Refined, so Wise - He is my very life! Reveal to me Your Darshan! ||2||	(ਮੇਰਾ) ਪ੍ਰਭੂ (-ਪਾਤਿਸ਼ਾਹ) ਸੋਹਣਾ ਹੈ ਸੁਚੱਜਾ ਹੈ ਸਿਆਣਾ ਹੈ, ਜਦੋਂ ਉਹ ਮੈਨੂੰ ਦੀਦਾਰ ਦੇਂਦਾ ਹੈ ਮੇਰੇ ਅੰਦਰ ਜਾਨ ਪੈ ਜਾਂਦੀ ਹੈ (ਪ੍ਰਭੂ ਦਾ ਦੀਦਾਰ ਹੀ ਮੇਰੀ ਜ਼ਿੰਦਗੀ ਹੈ) ॥੨॥
19833	431	ਜੋ ਜੀਅ ਤੁਝ ਤੇ ਬੀਛੁਰੇ ਪਿਆਰੇ ਜਨਮਿ ਮਰਹਿ ਬਿਖੁ ਖਾਇ॥੩॥		Jo Jeea Thujh Thae Beeshhurae Piaarae Janam Marehi Bikh Khaae ||3||	Those beings who are separated from You, O Beloved, are born only to die; they eat the poison of corruption. ||3||	ਹੇ ਪਿਆਰੇ ਪ੍ਰਭੂ! ਜੇਹੜੇ ਜੀਵ ਤੈਥੋਂ ਵਿਛੁੜ ਜਾਂਦੇ ਹਨ ਉਹ (ਮਾਇਆ ਦੇ ਮੋਹ ਦਾ) ਜ਼ਹਰ ਖਾ ਕੇ ਮਨੁੱਖਾ ਜਨਮ ਵਿਚ ਆਏ ਹੋਏ ਭੀ ਆਤਮਕ ਮੌਤੇ ਮਰ ਜਾਂਦੇ ਹਨ ॥੩॥
19834	431	ਜਿਸੁ ਤੂੰ ਮੇਲਹਿ ਸੋ ਮਿਲੈ ਪਿਆਰੇ ਤਿਸ ਕੈ ਲਾਗਉ ਪਾਇ॥੪॥		Jis Thoon Maelehi So Milai Piaarae This Kai Laago Paae ||4||	He alone meets You, whom You cause to meet, O Beloved; I fall at his feet. ||4||	(ਪਰ,) ਹੇ ਪਿਆਰੇ ਜੀਵ! (ਜੀਵਾਂ ਦੇ ਕੀਹ ਵੱਸ?) ਜਿਸ ਜੀਵ ਨੂੰ ਤੂੰ ਆਪ (ਆਪਣੇ ਨਾਲ) ਮਿਲਾਂਦਾ ਹੈਂ ਉਹੀ ਤੈਨੂੰ ਮਿਲਦਾ ਹੈ। ਮੈਂ ਉਸ (ਵਡ-ਭਾਗੀ) ਦੇ ਚਰਨੀਂ ਲੱਗਦਾ ਹਾਂ ॥੪॥

19835	431	ਜੋ ਸੁਖੁ ਦਰਸਨੁ ਪੇਖਤੇ ਪਿਆਰੇ ਮੁਖ ਤੇ ਕਹਣੁ ਨ ਜਾਇ॥੫॥		Jo Sukh Dharasan Paekhathae Piaarae Mukh Thae Kehan N Jaae ||5||	That happiness which one receives by beholding Your Darshan, O Beloved, cannot be described in words. ||5||	ਹੇ ਪਿਆਰੇ (ਪ੍ਰਭੂ)! ਤੇਰਾ ਦਰਸਨ ਕੀਤਿਆਂ ਜੇਹੜਾ ਆਨੰਦ (ਅਨੁਭਵ ਹੁੰਦਾ ਹੈ) ਉਹ ਮੂੰਹੋਂ ਦੱਸਿਆ ਨਹੀਂ ਜਾ ਸਕਦਾ ॥੫॥
19836	431	ਸਾਚੀ ਪ੍ਰੀਤਿ ਨ ਤੁਟਈ ਪਿਆਰੇ ਜੁਗੁ ਜੁਗੁ ਰਹੀ ਸਮਾਇ॥੬॥	ਤੁੱਟਈ। ਜੁੱਗੁ ਜੁੱਗੁ	Saachee Preeth N Thuttee Piaarae Jug Jug Rehee Samaae ||6||	True Love cannot be broken, O Beloved; throughout the ages, it remains. ||6||	ਹੇ ਪਿਆਰੇ! ਜਿਸ ਨੇ ਸਦਾ-ਥਿਰ ਪ੍ਰਭੂ ਨਾਲ ਪੱਕਾ ਪਿਆਰ ਪਾ ਲਿਆ, ਉਸ ਦਾ ਉਹ ਪਿਆਰ ਕਦੇ ਟੁੱਟ ਨਹੀਂ ਸਕਦਾ, ਉਹ ਪਿਆਰ ਤਾਂ ਜੁਗਾਂ ਪ੍ਰਯੰਤ ਉਸ ਦੇ ਹਿਰਦੇ ਵਿਚ ਟਿਕਿਆ ਰਹਿੰਦਾ ਹੈ ॥੬॥
19837	432	ਜੋ ਤੁਧੁ ਭਾਵੈ ਸੋ ਭਲਾ ਪਿਆਰੇ ਤੇਰੀ ਅਮਰੁ ਰਜਾਇ॥੭॥	(ਅਮਰੁ) ਅਮਿਟ	Jo Thudhh Bhaavai So Bhalaa Piaarae Thaeree Amar Rajaae ||7||	Whatever pleases You is good, O Beloved; Your Will is Eternal. ||7||	ਹੇ ਪਿਆਰੇ (ਪ੍ਰਭੂ)! ਤੇਰਾ ਹੁਕਮ ਅਮਿੱਟ ਹੈ, ਜੀਵਾਂ ਵਾਸਤੇ ਉਹੀ ਕੰਮ ਭਲਾਈ ਵਾਲਾ ਹੈ ਜੇਹੜਾ ਤੈਨੂੰ ਚੰਗਾ ਲੱਗਦਾ ਹੈ ॥੭॥
19838	432	ਨਾਨਕ ਰੰਗਿ ਰਤੇ ਨਾਰਾਇਣੈ ਪਿਆਰੇ ਮਾਤੇ ਸਹਜਿ ਸੁਭਾਇ॥੮॥੨॥੪॥	ਮੱਤੇ	Naanak Rang Rathae Naaraaeinai Piaarae Maathae Sehaj Subhaae ||8||2||4||	Nanak, those who are imbued with the Love of the All-Pervading Lord, O Beloved, remain intoxicated with His Love, in natural ease. ||8||2||4||	ਹੇ ਨਾਨਕ! (ਆਖ-) ਹੇ ਪਿਆਰੇ! ਜੇਹੜੇ ਮਨੁੱਖ ਨਾਰਾਇਣ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ ਉਹ ਆਤਮਕ ਅਡੋਲਤਾ ਵਿਚ ਮਸਤ ਰਹਿੰਦੇ ਹਨ ਉਹ ਉਸ ਪ੍ਰੇਮ ਵਿਚ ਮਸਤ ਰਹਿੰਦੇ ਹਨ ॥੮॥੨॥੪॥

19839	432	ਸਭ ਬਿਧਿ ਤੁਮ ਹੀ ਜਾਨਤੇ ਪਿਆਰੇ ਕਿਸੁ ਪਹਿ ਕਹਉ ਸੁਨਾਇ॥੧॥		Sabh Bidhh Thum Hee Jaanathae Piaarae Kis Pehi Keho Sunaae ||1||	You know all about my condition, O Beloved; who can I speak to about it? ||1||	ਹੇ ਪਿਆਰੇ ਪ੍ਰਭੂ! (ਆਪਣੇ ਪੈਦਾ ਕੀਤੇ ਜੀਵਾਂ ਨੂੰ ਦਾਤਾਂ ਦੇਣ ਦੇ) ਸਾਰੇ ਤਰੀਕੇ ਤੂੰ ਆਪ ਹੀ ਜਾਣਦਾ ਹੈਂ। ਮੈਂ ਹੋਰ ਕਿਸ ਨੂੰ ਸੁਣਾ ਕੇ ਆਖਾਂ? ॥੧॥
19840	432	ਤੂੰ ਦਾਤਾ ਜੀਆ ਸਭਨਾ ਕਾ ਤੇਰਾ ਦਿਤਾ ਪਹਿਰਹਿ ਖਾਇ॥੨॥	ਪਹਿਰ-ਹਿ	Thoon Dhaathaa Jeeaa Sabhanaa Kaa Thaeraa Dhithaa Pehirehi Khaae ||2||	You are the Giver of all beings; they eat and wear what You give them. ||2||	ਹੇ ਪ੍ਰਭੂ! ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਤੂੰ ਆਪ ਹੀ ਹੈਂ। (ਸਾਰੇ ਜੀਵ ਤੇਰੇ ਦਿੱਤੇ ਬਸਤ੍ਰ ਪਹਿਨਦੇ ਹਨ, (ਹਰੇਕ ਜੀਵ ਤੇਰਾ ਦਿੱਤਾ ਅੰਨ) ਖਾਂਦਾ ਹੈ ॥੨॥
19841	432	ਸੁਖੁ ਦੁਖੁ ਤੇਰੀ ਆਗਿਆ ਪਿਆਰੇ ਦੂਜੀ ਨਾਹੀ ਜਾਇ॥੩॥	(ਜਾਇ) ਥਾਂ	Sukh Dhukh Thaeree Aagiaa Piaarae Dhoojee Naahee Jaae ||3||	Pleasure and pain come by Your Will, O Beloved; they do not come from any other. ||3||	ਹੇ ਪਿਆਰੇ ਪ੍ਰਭੂ! ਤੇਰੇ ਹੁਕਮ ਵਿਚ ਹੀ (ਜੀਵ ਨੂੰ) ਕਦੇ ਸੁਖ ਮਿਲਦਾ ਹੈ ਕਦੇ ਦੁੱਖ। (ਤੈਥੋਂ ਬਿਨਾ ਜੀਵ ਵਾਸਤੇ) ਕੋਈ ਹੋਰ (ਆਸਰੇ ਦੀ) ਥਾਂ ਨਹੀਂ ਹੈ ॥੩॥
19842	432	ਜੋ ਤੂੰ ਕਰਾਵਹਿ ਸੋ ਕਰੀ ਪਿਆਰੇ ਅਵਰੁ ਕਿਛੁ ਕਰਣੁ ਨ ਜਾਇ॥੪॥	ਕਰਾਵ-ਹਿ	Jo Thoon Karaavehi So Karee Piaarae Avar Kishh Karan N Jaae ||4||	Whatever You cause me to do, that I do, O Beloved; I cannot do anything else. ||4||	ਹੇ ਪਿਆਰੇ ਪ੍ਰਭੂ! ਮੈਂ ਉਹੀ ਕੁਝ ਕਰ ਸਕਦਾ ਹਾਂ ਜੋ ਤੂੰ ਮੈਥੋਂ ਕਰਾਂਦਾ ਹੈਂ (ਤੈਥੋਂ ਆਕੀ ਹੋ ਕੇ) ਹੋਰ ਕੁਝ ਭੀ ਕੀਤਾ ਨਹੀਂ ਜਾ ਸਕਦਾ ॥੪॥

19843	432	ਦਿਨੁ ਰੈਣਿ ਸਭ ਸੁਹਾਵਣੇ ਪਿਆਰੇ ਜਿਤੁ ਜਪੀਐ ਹਰਿ ਨਾਉ॥੫॥		Dhin Rain Sabh Suhaavanae Piaarae Jith Japeeai Har Naao ||5||	All my days and nights are blessed, O Beloved, when I chant and meditate on the Lord's Name. ||5||	ਹੇ ਪਿਆਰੇ ਹਰੀ! ਉਹ ਹਰੇਕ ਦਿਨ ਰਾਤ ਸਾਰੇ ਸੋਹਣੇ ਲੱਗਦੇ ਹਨ ਜਦੋਂ ਤੇਰਾ ਨਾਮ ਸਿਮਰਿਆ ਜਾਂਦਾ ਹੈ ॥੫॥
19844	432	ਸਾਈ ਕਾਰ ਕਮਾਵਣੀ ਪਿਆਰੇ ਧੁਰਿ ਮਸਤਕਿ ਲੇਖੁ ਲਿਖਾਇ॥੬॥	ਸਾਂਈਂ	Saaee Kaar Kamaavanee Piaarae Dhhur Masathak Laekh Likhaae ||6||	He does the deeds, O Beloved, which are pre-ordained, and inscribed upon his forehead. ||6||	ਹੇ ਪਿਆਰੇ ਪ੍ਰਭੂ! ਤੇਰੀ ਧੁਰ ਦਰਗਾਹ ਤੋਂ (ਆਪ ਆਪਣੇ) ਮੱਥੇ (ਕਰਮਾਂ ਦਾ ਜੇਹੜਾ) ਲੇਖਾ ਲਿਖਾ ਕੇ (ਅਸੀਂ ਜੀਵ ਆਏ ਹਾਂ, ਉਸ ਲੇਖ ਅਨੁਸਾਰ) ਉਹੀ ਕੰਮ (ਅਸੀਂ ਜੀਵ) ਕਰ ਸਕਦੇ ਹਾਂ ॥੬॥
19845	432	ਏਕੋ ਆਪਿ ਵਰਤਦਾ ਪਿਆਰੇ ਘਟਿ ਘਟਿ ਰਹਿਆ ਸਮਾਇ॥੭॥		Eaeko Aap Varathadhaa Piaarae Ghatt Ghatt Rehiaa Samaae ||7||	The One is Himself prevailing everywhere, O Beloved; He is pervading in each and every heart. ||7||	ਹੇ ਪਿਆਰੇ ਪ੍ਰਭੂ! ਤੂੰ ਇਕ ਆਪ ਹੀ (ਸਾਰੇ ਜਗਤ ਵਿਚ) ਮੌਜੂਦ ਹੈਂ, ਹਰੇਕ ਸਰੀਰ ਵਿਚ ਤੂੰ ਆਪ ਹੀ ਟਿਕਿਆ ਹੋਇਆ ਹੈਂ ॥੭॥

19846	432	ਸੰਸਾਰ ਕੂਪ ਤੇ ਉਧਰਿ ਲੈ ਪਿਆਰੇ ਨਾਨਕ ਹਰਿ ਸਰਣਾਇ॥੮॥੩॥੨੨॥੧੫॥੨॥੪੨॥	(ਉ-ਧਰਿ) ਉਧਾਰ	Sansaar Koop Thae Oudhhar Lai Piaarae Naanak Har Saranaae ||8||3||22||15||2||42||	Lift me up out of the deep pit of the world, O Beloved; Nanak has taken to Your Sanctuary. ||8||3||22||15||2||42||	ਹੇ ਨਾਨਕ! (ਆਖ-) ਹੇ ਹਰੀ! ਮੈਂ ਤੇਰੀ ਸਰਨ ਆਇਆ ਹਾਂ ਮੈਨੂੰ (ਮਾਇਆ ਦੇ ਮੋਹ-ਭਰੇ) ਸੰਸਾਰ-ਖੂਹ ਵਿਚੋਂ ਕੱਢ ਲੈ ॥੮॥੩॥੨੨॥੧੫॥੨॥੪੨॥
19847	432	ਰਾਗੁ ਆਸਾ ਮਹਲਾ ੧ ਪਟੀ ਲਿਖੀ	ਪੱਟੀ	Raag Aasaa Mehalaa 1 Pattee Likhee	Raag Aasaa, First Mehl, Patee Likhee ~ The Poem Of The Alphabet:	ਰਾਗ ਆਸਾ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਪਟੀ ਲਿਖੀ'।
19848	432	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
19849	432	ਸਸੈ ਸੋਇ ਸ੍ਰਿਸਟਿ ਜਿਨਿ ਸਾਜੀ ਸਭਨਾ ਸਾਹਿਬੁ ਏਕੁ ਭਇਆ॥	ਸੱਸੈ। ਭ-ਇਆ	Sasai Soe Srisatt Jin Saajee Sabhanaa Saahib Eaek Bhaeiaa ||	Sassa: He who created the world, is the One Lord and Master of all.	ਉਹੀ ਇਕ ਪ੍ਰਭੂ ਸਭ ਜੀਵਾਂ ਦਾ ਮਾਲਕ ਹੈ ਜਿਸ ਨੇ ਇਹ ਜਗਤ-ਰਚਨਾ ਕੀਤੀ ਹੈ।

19850	432	ਸੇਵਤ ਰਹੇ ਚਿਤੁ ਜਿਨ੍ ਕਾ ਲਾਗਾ ਆਇਆ ਤਿਨ੍ ਕਾ ਸਫਲੁ ਭਇਆ॥੧॥		Saevath Rehae Chith Jinh Kaa Laagaa Aaeiaa Thinh Kaa Safal Bhaeiaa ||1||	Those whose consciousness remains committed to His Service - blessed is their birth and their coming into the world. ||1||	ਜੇਹੜੇ ਬੰਦੇ ਉਸ ਪ੍ਰਭੂ ਨੂੰ ਸਦਾ ਸਿਮਰਦੇ ਰਹੇ, ਜਿਨ੍ਹਾਂ ਦਾ ਮਨ (ਉਸ ਦੇ ਚਰਨਾਂ ਵਿਚ) ਜੁੜਿਆ ਰਿਹਾ, ਉਹਨਾਂ ਦਾ ਜਗਤ ਵਿਚ ਆਉਣਾ ਸਫਲ ਹੋ ਗਿਆ (ਭਾਵ, ਉਹਨਾਂ ਜਗਤ ਵਿਚ ਜਨਮ ਲੈ ਕੇ ਮਨੁੱਖਾ ਜਨਮ ਦਾ ਅਸਲ ਮਨੋਰਥ ਹਾਸਲ ਕਰ ਲਿਆ) ॥੧॥
19851	432	ਮਨ ਕਾਹੇ ਭੂਲੇ ਮੂੜ ਮਨਾ॥		Man Kaahae Bhoolae Moorr Manaa ||	O mind, why forget Him? You foolish mind!	ਹੇ (ਮੇਰੇ) ਮਨ! ਹੇ ਮੂਰਖ ਮਨ! ਅਸਲ ਜੀਵਨ-ਰਾਹ ਤੋਂ ਕਿਉਂ, ਲਾਂਭੇ ਜਾ ਰਿਹਾ ਹੈਂ?
19852	432	ਜਬ ਲੇਖਾ ਦੇਵਹਿ ਬੀਰਾ ਤਉ ਪੜਿਆ॥੧॥ਰਹਾਉ ॥	(ਬੀਰਾ) ਹੇ ਭਾਈ। ਪੜ੍ਹਿਆ	Jab Laekhaa Dhaevehi Beeraa Tho Parriaa ||1|| Rehaao ||	When your account is adjusted, O brother, only then shall you be judged wise. ||1||Pause||	ਜਦੋਂ ਤੂੰ ਆਪਣੇ ਕੀਤੇ ਕਰਮਾਂ ਦਾ ਹਿਸਾਬ ਦੇਵੇਂਗਾ (ਤੇ ਹਿਸਾਬ ਵਿਚ ਸੁਰਖ਼ਰੂ ਮੰਨਿਆ ਜਾਵੇਂਗਾ) ਤਦੋਂ ਹੀ ਤੂੰ ਪੜ੍ਹਿਆ ਹੋਇਆ (ਵਿਦਵਾਨ) ਸਮਝਿਆ ਜਾ ਸਕੇਂਗਾ ॥੧॥ ਰਹਾਉ ॥
19853	432	ਈਵੜੀ ਆਦਿ ਪੁਰਖੁ ਹੈ ਦਾਤਾ ਆਪੇ ਸਚਾ ਸੋਈ॥		Eevarree Aadh Purakh Hai Dhaathaa Aapae Sachaa Soee ||	Eevree: The Primal Lord is the Giver; He alone is True.	ਜੇਹੜਾ ਵਿਆਪਕ ਪ੍ਰਭੂ ਸਾਰੀ ਰਚਨਾ ਦਾ ਮੂਲ ਹੈ ਜੋ ਸਭ ਜੀਵਾਂ ਨੂੰ ਰਿਜ਼ਕ ਦੇਣ ਵਾਲਾ ਹੈ, ਉਹ ਆਪ ਹੀ ਸਦਾ ਕਾਇਮ ਰਹਿਣ ਵਾਲਾ ਹੈ।

19854	432	ਏਨ੍ਹਾ ਅਖਰਾ ਮਹਿ ਜੋ ਗੁਰਮੁਖਿ ਬੂਝੈ ਤਿਸੁ ਸਿਰਿ ਲੇਖੁ ਨ ਹੋਈ॥੨॥	(ਏਨ੍ਹਾ ਅਕਰਾ) ਗੁਰਬਾਣੀ ਦੇ ਅੱਖਰਾਂ। ਬੂੱਝੈ	Eaenaa Akharaa Mehi Jo Guramukh Boojhai This Sir Laekh N Hoee ||2||	No accounting is due from the Gurmukh who understands the Lord through these letters. ||2||	(ਵਿਦਵਾਨ ਉਹੀ ਮਨੁੱਖ ਹੈ) ਜੋ ਗੁਰੂ ਦੀ ਸਰਨ ਪੈ ਕੇ ਆਪਣੀ ਵਿੱਦਿਆ ਦੀ ਰਾਹੀਂ ਉਸ (ਪ੍ਰਭੂ ਦੇ ਅਸਲੇ) ਨੂੰ ਸਮਝ ਲੈਂਦਾ ਹੈ (ਤੇ ਫਿਰ ਜੀਵਨ-ਰਾਹ ਤੋਂ ਲਾਂਭੇ ਨਹੀਂ ਜਾਂਦਾ)। ਉਸ ਮਨੁੱਖ ਦੇ ਸਿਰ ਉਤੇ (ਵਿਕਾਰਾਂ ਦਾ ਕੋਈ) ਕਰਜ਼ਾ ਇਕੱਠਾ ਨਹੀਂ ਹੁੰਦਾ ॥੨॥
19855	432	ਊੜੈ ਉਪਮਾ ਤਾ ਕੀ ਕੀਜੈ ਜਾ ਕਾ ਅੰਤੁ ਨ ਪਾਇਆ॥		Oorrai Oupamaa Thaa Kee Keejai Jaa Kaa Anth N Paaeiaa ||	Ooraa: Sing the Praises of the One whose limit cannot be found.	ਜਿਸ ਪਰਮਾਤਮਾ ਦੇ ਗੁਣਾਂ ਦਾ ਅਖ਼ੀਰਲਾ ਬੰਨਾ ਲੱਭ ਨਹੀਂ ਸਕੀਦਾ, (ਮਨੁੱਖਾ ਜਨਮ ਪਾ ਕੇ) ਉਸ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ (ਇਹ ਇਕ ਕਮਾਈ ਹੈ ਜੋ ਮਨੁੱਖ ਦੇ ਸਦਾ ਨਾਲ ਨਿਭ ਸਕਦੀ ਹੈ)।
19856	432	ਸੇਵਾ ਕਰਹਿ ਸੇਈ ਫਲੁ ਪਾਵਹਿ ਜਿਨ੍ਹੀ ਸਚੁ ਕਮਾਇਆ॥੩॥	ਪਾਵ-ਹਿ	Saevaa Karehi Saeee Fal Paavehi Jinhee Sach Kamaaeiaa ||3||	Those who perform service and practice truth, obtain the fruits of their rewards. ||3||	ਜਿਨ੍ਹਾਂ ਬੰਦਿਆਂ ਨੇ ਇਹ ਸਦਾ ਨਾਲ ਨਿਭਣ ਵਾਲੀ ਕਮਾਈ ਕੀਤੀ ਹੈ, ਜੋ (ਸਦਾ ਪ੍ਰਭੂ ਦਾ) ਸਿਮਰਨ ਕਰਦੇ ਹਨ, ਉਹੀ ਮਨੁੱਖਾ ਜੀਵਨ ਦਾ ਮਨੋਰਥ ਹਾਸਲ ਕਰਦੇ ਹਨ ॥੩॥
19857	432	ਙੰਙੈ ਙਿਆਨੁ ਬੂਝੈ ਜੇ ਕੋਈ ਪੜਿਆ ਪੰਡਿਤੁ ਸੋਈ॥		N(g)ann(g)ai N(g)iaan Boojhai Jae Koee Parriaa Panddith Soee ||	Nganga: One who understands spiritual wisdom becomes a Pandit, a religious scholar.	ਉਹੀ ਬੰਦਾ ਪੜ੍ਹਿਆ ਹੋਇਆ ਹੈ ਉਹੀ ਪੰਡਿਤ ਹੈ, ਜੋ ਪਰਮਾਤਮਾ ਨਾਲ ਜਾਣ-ਪਛਾਣ (ਪਾਉਣੀ) ਸਮਝ ਲਏ, ਜੋ ਇਹ ਸਮਝ ਲਏ ਕਿ ਸਿਰਫ਼ ਪਰਮਾਤਮਾ ਹੀ ਸਾਰੇ ਜੀਵਾਂ ਵਿਚ ਮੌਜੂਦ ਹੈ।

19858	432	ਸਰਬ ਜੀਆ ਮਹਿ ਏਕੋ ਜਾਣੈ ਤਾ ਹਉਮੈ ਕਹੈ ਨ ਕੋਈ॥੪॥		Sarab Jeeaa Mehi Eaeko Jaanai Thaa Houmai Kehai N Koee ||4||	One who recognizes the One Lord among all beings does not talk of ego. ||4||	(ਜੇਹੜਾ ਬੰਦਾ ਇਹ ਭੇਦ ਸਮਝ ਲੈਂਦਾ ਹੈ, ਉਸ ਦੀ ਪਛਾਣ ਇਹ ਹੈ ਕਿ) ਉਹ ਫਿਰ ਇਹ ਨਹੀਂ ਆਖਦਾ ਕਿ ਮੈਂ ਹੀ ਹੋਵਾਂ (ਭਾਵ, ਉਹ ਬੰਦਾ ਸੁਆਰਥੀ ਨਹੀਂ ਰਹਿ ਸਕਦਾ) ॥੪॥
19859	432	ਕਕੈ ਕੇਸ ਪੁੰਡਰ ਜਬ ਹੂਏ ਵਿਣੁ ਸਾਬੂਣੈ ਉਜਲਿਆ॥	(ਪੁੰਡਰ) ਚਿੱਟੇ। ਕੱਕੈ। ਉੱਜਲਿਆ	Kakai Kaes Punddar Jab Hooeae Vin Saaboonai Oujaliaa ||	Kakka: When the hair grows grey, then it shines without shampoo.	(ਪਰ ਇਹ ਕਾਹਦੀ ਪੰਡਿਤਾਈ ਹੈ ਕਿ) ਜਦੋਂ ਸਿਰ ਦੇ ਕੇਸ ਚਿੱਟੇ ਕੌਲ ਫੁੱਲ ਵਰਗੇ ਹੋ ਜਾਣ, ਸਾਬਣ ਵਰਤਣ ਤੋਂ ਬਿਨਾ ਹੀ ਸੁਫ਼ੈਦ ਹੋ ਜਾਣ,
19860	432	ਜਮਰਾਜੇ ਕੇ ਹੇਰੂ ਆਏ ਮਾਇਆ ਕੈ ਸੰਗਲਿ ਬੰਧਿ ਲਇਆ॥੫॥	(ਹੇਰੂ) ਤੱਕਣ ਵਾਲੇ ਦੂਤ	Jam Raajae Kae Haeroo Aaeae Maaeiaa Kai Sangal Bandhh Laeiaa ||5||	The hunters of the King of Death come, and bind him in the chains of Maya. ||5||	ਤੇ ਜਮਰਾਜ ਦੇ ਭੇਜੇ ਹੋਏ (ਮੌਤ ਦਾ ਵੇਲਾ) ਤੱਕਣ ਵਾਲੇ (ਦੂਤ) ਆ ਖਲੋਣ, ਤੇ ਇਧਰ ਅਜੇ ਭੀ ਇਸ ਨੂੰ ਮਾਇਆ ਦੇ (ਮੋਹ ਦੇ) ਸੰਗਲ ਨੇ ਬੰਨ੍ਹ ਰੱਖਿਆ ਹੋਵੇ? ॥੫॥
19861	432	ਖਖੈ ਖੁੰਦਕਾਰੁ ਸਾਹ ਆਲਮੁ ਕਰਿ ਖਰੀਦਿ ਜਿਨਿ ਖਰਚੁ ਦੀਆ॥	ਕੋਟਿ ਬ੍ਰਹਮੰਡ ਕੋ ਠਾਕੁਰੁ ਸੁਆਮੀ (ਖੁੰਦਕਾਰੁ) ਵਾਹਿਗੁਰੂ ਜੀ, (ਆਲਮੁ) ਸੰਸਾਰ ਦੇ (ਸਾਹ) ਪਾਤਸ਼ਾਹ ਨੇ ਸਾਹ ਰੂਪੀ ਖਰਚੁ ਦਿੱਤਾ ਹੈ, ਉਨਾਂ ਦੀ ਸਿਫ਼ਤ ਸਲਾਹ ਦੀ ਖਰੀਦਿ ਕਰ। ਖੱਖੈ	Khakhai Khundhakaar Saah Aalam Kar Khareedh Jin Kharach Dheeaa ||	Khakha: The Creator is the King of the world; He enslaves by giving nourishment.	ਜੇ ਖ਼ੁਦਾ ਸਾਰੀ ਦੁਨੀਆ ਦਾ ਪਾਤਿਸ਼ਾਹ ਹੈ; ਤੇ (ਜਿਸ ਨੇ ਸਾਰੇ ਜਗਤ ਨੂੰ) ਰੋਜ਼ੀ ਅਪੜਾਈ ਹੋਈ ਹੈ, (ਹੇ ਭਾਈ! ਜੇ ਤੂੰ ਸਚਮੁੱਚ ਪੰਡਿਤ ਹੈਂ, ਤਾਂ) ਉਸੇ ਦੀ ਸਿਫ਼ਤ-ਸਾਲਾਹ ਦਾ ਸੌਦਾ ਵਿਹਾਝ।

19862	432	ਬੰਧਨਿ ਜਾ ਕੈ ਸਭੁ ਜਗੁ ਬਾਧਿਆ ਅਵਰੀ ਕਾ ਨਹੀ ਹੁਕਮੁ ਪਇਆ॥੬॥	ਬਾੱਧਿਆ	Bandhhan Jaa Kai Sabh Jag Baadhhiaa Avaree Kaa Nehee Hukam Paeiaa ||6||	By His Binding, all the world is bound; no other Command prevails. ||6||	ਜਿਸ ਦੇ ਹੁਕਮ ਵਿਚ ਸਾਰਾ ਜਗਤ ਨੱਥਿਆ ਹੋਇਆ ਹੈ ਤੇ (ਜਿਸ ਤੋਂ ਬਿਨਾ) ਕਿਸੇ ਹੋਰ ਦਾ ਹੁਕਮ ਨਹੀਂ ਚੱਲ ਸਕਦਾ (ਉਸੇ ਦੀ ਸਿਫ਼ਤ ਸਲਾਹ ਕਰ) ॥੬॥
19863	432	ਗਗੈ ਗੋਇ ਗਾਇ ਜਿਨਿ ਛੋਡੀ ਗਲੀ ਗੋਬਿਦੁ ਗਰਬਿ ਭਇਆ॥	(ਗੋਇ) ਗੁਰਬਾਣੀ (ਗਾਇ) ਗਉਣੋਂ। ਗੱਲੀਂ	Gagai Goe Gaae Jin Shhoddee Galee Gobidh Garab Bhaeiaa ||	Gagga: One who renounces the singing of the songs of the Lord of the Universe, becomes arrogant in his speech.	ਜਿਸ ਨੇ ਸਿਮਰਨ ਨਹੀਂ ਕੀਤਾ ਤੇ ਪ੍ਰਭੂ ਬਾਰੇ ਨਿਰੀਆਂ ਵਿਦਵਤਾ ਦੀਆਂ ਗੱਲਾਂ ਕੀਤੀਆਂ ਹਨ, ਉਹ ਅਹੰਕਾਰੀ ਬਣਦਾ ਹੈ।
19864	432	ਘੜਿ ਭਾਂਡੇ ਜਿਨਿ ਆਵੀ ਸਾਜੀ ਚਾੜਣ ਵਾਹੈ ਤਈ ਕੀਆ॥੭॥	ਸੰਸਾਰ ਰੂਪੀ (ਆਵੀ) ਭੱਠੀ। (ਚਾੜ੍ਣ) ਜਨਮ (ਵਾਹੈ) ਮਰਨ	Gharr Bhaanddae Jin Aavee Saajee Chaarran Vaahai Thee Keeaa ||7||	One who has shaped the pots, and made the world the kiln, decides when to put them in it. ||7||	ਜਿਸ (ਗੋਬਿੰਦ) ਨੇ ਜੀਵ-ਭਾਂਡੇ ਬਣਾ ਕੇ ਸੰਸਾਰ-ਰੂਪੀ ਆਵੀ ਤਿਆਰ ਕੀਤੀ ਹੈ, ਉਸ ਨੇ ਜਨਮ ਮਰਨ (ਦਾ ਗੇੜ) ਵੀ ਤਿਆਰ ਕੀਤਾ ਹੋਇਆ ਹੈ ॥੭॥
19865	432	ਘਘੈ ਘਾਲ ਸੇਵਕੁ ਜੇ ਘਾਲੈ ਸਬਦਿ ਗੁਰੂ ਕੈ ਲਾਗਿ ਰਹੈ॥	ਘੱਘੈ	Ghaghai Ghaal Saevak Jae Ghaalai Sabadh Guroo Kai Laag Rehai ||	Ghagha: The servant who performs service, remains attached to the Word of the Guru's Shabad.	ਜੇ ਮਨੁੱਖ ਸੇਵਕ (-ਸੁਭਾਉ) ਬਣ ਕੇ (ਸੇਵਕਾਂ ਵਾਲੀ) ਕਰੜੀ ਮੇਹਨਤ ਕਰੇ, ਜੇ ਆਪਣੀ ਸੁਰਤਿ ਗੁਰੂ ਦੇ ਸ਼ਬਦ ਵਿਚ ਜੋੜੀ ਰੱਖੇ,

19866	432	ਬੁਰਾ ਭਲਾ ਜੇ ਸਮ ਕਰਿ ਜਾਣੈ ਇਨ ਬਿਧਿ ਸਾਹਿਬੁ ਰਮਤੁ ਰਹੈ॥੮॥	ਅਪਣੇ ਤੇ ਬੁਰਾ ਭਲਾ ਬੀਤਦਾ (ਸਮ) ਬਰਾਬਰ ਜਾਣੇ। ਰਮਤੁ:ਪੋਲਾ ਬੋਲੋ। (ਰਮਤੁ) ਸਿਮਰਦਾ	Buraa Bhalaa Jae Sam Kar Jaanai Ein Bidhh Saahib Ramath Rehai ||8||	One who recognizes bad and good as one and the same - in this way he is absorbed into the Lord and Master. ||8||	ਤੇ ਬੁਰਾਈ ਭੁਲਾਈ ਨੂੰ ਇਕੋ ਜੇਹਾ ਜਾਣੇ, ਤਾਂ ਇਹੀ ਤਰੀਕਾ ਹੈ ਜਿਸ ਨਾਲ ਪ੍ਰਭੂ ਨੂੰ (ਸਹੀ ਤਰ੍ਹਾਂ) ਸਿਮਰ ਸਕਦਾ ਹੈ ॥੮॥
19867	432	ਚਚੈ ਚਾਰਿ ਵੇਦ ਜਿਨਿ ਸਾਜੇ ਚਾਰੇ ਖਾਣੀ ਚਾਰਿ ਜੁਗਾ॥	ਚੱਚੈ। ਜੁੱਗਾ	Chachai Chaar Vaedh Jin Saajae Chaarae Khaanee Chaar Jugaa ||	Chacha: He created the four Vedas, the four sources of creation, and the four ages	ਜਿਸ ਪਰਮਾਤਮਾ ਨੇ (ਅੰਡਜ ਜੇਰਜ ਸੇਤਜ ਉਤਭੁਜ) ਚੌਹਾਂ ਹੀ ਖਾਣੀਆਂ ਦੇ ਜੀਵ ਆਪ ਹੀ ਪੈਦਾ ਕੀਤੇ ਹਨ ਜਿਸ ਪ੍ਰਭੂ ਨੇ (ਜਗਤ-ਰਚਨਾ ਕਰ ਕੇ, ਸੂਰਜ ਚੰਦ ਆਦਿਕ ਬਣਾ ਕੇ, ਸਮੇ ਦੀ ਹੋਂਦ ਕਰ ਕੇ) ਚਾਰੇ ਜੁਗ ਆਪ ਹੀ ਬਣਾਏ ਹਨ, ਜਿਸ ਪ੍ਰਭੂ ਨੇ (ਆਪਣੇ ਪੈਦਾ ਕੀਤੇ ਰਿਸ਼ੀਆਂ ਦੀ ਰਾਹੀਂ) ਚਾਰ ਵੇਦ ਰਚੇ ਹਨ,
19868	432	ਜੁਗੁ ਜੁਗੁ ਜੋਗੀ ਖਾਣੀ ਭੋਗੀ ਪੜਿਆ ਪੰਡਿਤੁ ਆਪਿ ਥੀਆ॥੯॥	ਪੜ੍ਹਿਆ	Jug Jug Jogee Khaanee Bhogee Parriaa Panddith Aap Thheeaa ||9||	- through each and every age, He Himself has been the Yogi, the enjoyer, the Pandit and the scholar. ||9||	ਜੋ ਹਰੇਕ ਜੁਗ ਵਿਚ ਮੌਜੂਦ ਹੈ, ਜੋ ਚੌਹਾਂ ਖਾਣੀਆਂ ਦੇ ਜੀਵਾਂ ਵਿਚ ਵਿਆਪਕ ਹੋ ਕੇ ਆਪੇ ਰਚੇ ਸਾਰੇ ਪਦਾਰਥ ਆਪ ਹੀ ਭੋਗ ਰਿਹਾ ਹੈ, ਫਿਰ ਨਿਰਲੇਪ ਭੀ ਹੈ, ਉਹ ਆਪ ਹੀ (ਵਿੱਦਿਆ ਦੀ ਉਤਪੱਤੀ ਦਾ ਮੂਲ ਹੈ, ਤੇ) ਪੜ੍ਹਿਆ ਹੋਇਆ ਹੈ, ਆਪ ਹੀ ਪੰਡਿਤ ਹੈ ॥੯॥

19869	433	ਛਛੈ ਛਾਇਆ ਵਰਤੀ ਸਭ ਅੰਤਰਿ ਤੇਰਾ ਕੀਆ ਭਰਮੁ ਹੋਆ॥	(ਛਾਇਆ) ਅਵਿੱਦਿਆ। ਛੱਛੈ	Shhashhai Shhaaeiaa Varathee Sabh Anthar Thaeraa Keeaa Bharam Hoaa ||	Chhachha: Ignorance exists within everyone; doubt is Your doing, O Lord.	ਜੋ ਅਵਿੱਦਿਆ ਸਭ ਜੀਵਾਂ ਦੇ ਅੰਦਰ ਪ੍ਰਬਲ ਹੋ ਰਹੀ ਹੈ, ਤੇ ਮਨ ਵਿੱਚ ਭਟਕਣਾ ਹੈ, ਇਹ ਤੇਰੀ ਹੀ ਬਣਾਈ ਹੋਈ ਹੈ।
19870	433	ਭਰਮੁ ਉਪਾਇ ਭੁਲਾਈਅਨੁ ਆਪੇ ਤੇਰਾ ਕਰਮੁ ਹੋਆ ਤਿਨ੍ ਗੁਰੂ ਮਿਲਿਆ॥੧੦॥	(ਆਪੇ) ਹੰਕਾਰ ਨੇ ਭਰਮੁ (ਉਪਾਇ) ਪੈਦਾ ਕਰਕੇ ਸ੍ਰਿਸ਼ਟੀ ਭੁਲਾਈ ਹੈ। (ਕਰਮੁ) ਕ੍ਰਿਪਾ	Bharam Oupaae Bhulaaeean Aapae Thaeraa Karam Hoaa Thinh Guroo Miliaa ||10||	Having created doubt, You Yourself cause them to wander in delusion; those whom You bless with Your Mercy meet with the Guru. ||10||	(ਹੇ ਮਨ!) ਪ੍ਰਭੂ ਨੇ ਆਪ ਹੀ ਭਟਕਣਾ ਪੈਦਾ ਕਰ ਕੇ ਸ੍ਰਿਸ਼ਟੀ ਨੂੰ ਕੁਰਾਹੇ ਪਾਇਆ ਹੋਇਆ ਹੈ ਤੇ ਜਿਨ੍ਹਾਂ ਉਤੇ ਉਸ ਦੀ ਬਖ਼ਸ਼ਸ਼ ਹੁੰਦੀ ਹੈ ਉਹਨਾਂ ਨੂੰ ਗੁਰੂ ਮਿਲ ਪੈਂਦਾ ਹੈ ॥੧੦॥
19871	433	ਜਜੈ ਜਾਨੁ ਮੰਗਤ ਜਨੁ ਜਾਚੈ ਲਖ ਚਉਰਾਸੀਹ ਭੀਖ ਭਵਿਆ॥	(ਜਾਨੁ) ਗਿਆਨ। ਜੱਜੈ	Jajai Jaan Mangath Jan Jaachai Lakh Chouraaseeh Bheekh Bhaviaa ||	Jajja: That humble being who begs for wisdom has wandered begging through 8.4 million incarnations.	(ਹੇ ਮਨ!) ਉਸ ਪ੍ਰਭੂ ਨਾਲ ਸਾਂਝ ਪਾ ਜਿਸ ਤੋਂ ਹਰੇਕ ਜੀਵ ਚੌਰਾਸੀ ਲੱਖ ਜੂਨਾਂ ਵਿੱਚ ਭਟਕਦਾ ਹੋਇਆ ਮੰਗਤਾ ਬਣ ਕੇ ਦਾਨ ਮੰਗਦਾ ਹੈ।
19872	433	ਏਕੋ ਲੇਵੈ ਏਕੋ ਦੇਵੈ ਅਵਰੁ ਨ ਦੂਜਾ ਮੈ ਸੁਣਿਆ॥੧੧॥		Eaeko Laevai Eaeko Dhaevai Avar N Dhoojaa Mai Suniaa ||11||	The One Lord takes away, and the One Lord gives; I have not heard of any other. ||11||	ਇਕ ਹੈ ਪ੍ਰਭੂ ਦੇਣ ਵਾਲਾ ਹੈ ਤੇ ਉਹ ਹੀ ਲੈਣ ਵਾਲਾ ਹੈ ਮੈਂ ਅਜੇ ਤਕ ਨਹੀਂ ਸੁਣਿਆ ਕਿ ਉਸ ਤੋਂ ਬਿਨਾ ਕੋਈ ॥੧੧॥

19873	433	ਝਝੈ ਝੂਰਿ ਮਰਹੁ ਕਿਆ ਪ੍ਰਾਣੀ ਜੋ ਕਿਛੁ ਦੇਣਾ ਸੁ ਦੇ ਰਹਿਆ॥	ਝੱਝੈ	Jhajhai Jhoor Marahu Kiaa Praanee Jo Kishh Dhaenaa S Dhae Rehiaa ||	Jhajha: O mortal being, why are you dying of anxiety? Whatever the Lord is to give, He shall keep on giving.	ਹੇ ਪ੍ਰਾਣੀ! (ਰੋਜ਼ੀ ਦੀ ਖ਼ਾਤਰ) ਚਿੰਤਾ ਕਰ ਕਰ ਕੇ ਕਿਉਂ ਆਤਮਕ ਮੌਤ ਸਹੇੜਦਾ ਹੈਂ? ਜੋ ਕੁਝ ਪ੍ਰਭੂ ਨੇ ਤੈਨੂੰ ਦੇਣ ਦਾ ਫ਼ੈਸਲਾ ਕੀਤਾ ਹੋਇਆ ਹੈ, ਉਹ (ਤੇਰੇ ਚਿੰਤਾ-ਫ਼ਿਕਰ ਤੋਂ ਬਿਨਾ ਭੀ) ਆਪ ਹੀ ਦੇ ਰਿਹਾ ਹੈ।
19874	433	ਦੇ ਦੇ ਵੇਖੈ ਹੁਕਮੁ ਚਲਾਏ ਜਿਉ ਜੀਆ ਕਾ ਰਿਜਕੁ ਪਇਆ॥੧੨॥		Dhae Dhae Vaekhai Hukam Chalaaeae Jio Jeeaa Kaa Rijak Paeiaa ||12||	He gives, and gives, and watches over us; according to the Orders which He issues, His beings receive nourishment. ||12||	ਜਿਵੇਂ ਜਿਵੇਂ ਜੀਵਾਂ ਦਾ ਰਿਜ਼ਕ ਮੁਕਰਰ ਹੈ, ਉਹ ਸਭ ਨੂੰ ਦੇ ਰਿਹਾ ਹੈ, ਸੰਭਾਲ ਭੀ ਕਰ ਰਿਹਾ ਹੈ, ਤੇ (ਰਿਜ਼ਕ ਵੰਡਣ ਵਾਲਾ ਆਪਣਾ) ਹੁਕਮ ਵਰਤੋਂ ਵਿਚ ਲਿਆ ਰਿਹਾ ਹੈ ॥੧੨॥
19875	433	ਞੰਞੈ ਨਦਰਿ ਕਰੇ ਜਾ ਦੇਖਾ ਦੂਜਾ ਕੋਈ ਨਾਹੀ॥		Njannjai Nadhar Karae Jaa Dhaekhaa Dhoojaa Koee Naahee ||	Nyanya: When the Lord bestows His Glance of Grace, then I do not behold any other.	ਮੈਂ ਜਦੋਂ ਭੀ ਗਹੁ ਨਾਲ ਵੇਖਦਾ ਹਾਂ, ਮੈਨੂੰ ਪ੍ਰਭੂ ਤੋਂ ਬਿਨਾ ਕੋਈ ਹੋਰ (ਕਿਤੇ ਭੀ) ਨਹੀਂ ਦਿੱਸਦਾ।
19876	433	ਏਕੋ ਰਵਿ ਰਹਿਆ ਸਭ ਥਾਈ ਏਕੁ ਵਸਿਆ ਮਨ ਮਾਹੀ॥੧੩॥	(ਰਵਿ) ਵਿਆਪਕ। ਥਾਈਂ	Eaeko Rav Rehiaa Sabh Thhaaee Eaek Vasiaa Man Maahee ||13||	The One Lord is totally pervading everywhere; the One Lord abides within the mind. ||13||	ਪ੍ਰਭੂ ਆਪ ਹੀ ਹਰ ਥਾਂ ਮੌਜੂਦ ਹੈ, ਹਰੇਕ ਦੇ ਮਨ ਵਿਚ ਪ੍ਰਭੂ ਆਪ ਹੀ ਵੱਸ ਰਿਹਾ ਹੈ ॥੧੩॥

19877	433	ਟਟੈ ਟੰਚੁ ਕਰਹੁ ਕਿਆ ਪ੍ਰਾਣੀ ਘੜੀ ਕਿ ਮੁਹਤਿ ਕਿ ਉਠਿ ਚਲਣਾ॥	(ਟਟੈ)ਟੈਂਕਾ। (ਟੰਚੁ) ਵਿਅਰਥ ਧੰਧੇ। ਅਧਿਕ ਨਹੀਂ ਲੱਗਿਆ, ਟਟੈ: ਪੋਲਾ ਬੋਲੋ। ਚੱਲਣਾ	Ttattai Ttanch Karahu Kiaa Praanee Gharree K Muhath K Outh Chalanaa ||	Tatta: Why do you practice hypocrisy, O mortal? In a moment, in an instant, you shall have to get up and depart.	ਵਿਅਰਥ ਧੰਧੇ ਕਰਨ ਦਾ ਕੋਈ ਲਾਭ ਨਹੀਂ ਹੈ, (ਕਿਉਂਕਿ ਇਸ ਜਗਤ ਤੋਂ) ਥੋੜੇ ਹੀ ਸਮੇ ਵਿਚ ਉਠ ਕੇ ਚਲੇ ਜਾਣਾ ਹੈ।
19878	433	ਜੂਐ ਜਨਮੁ ਨ ਹਾਰਹੁ ਅਪਣਾ ਭਾਜਿ ਪੜਹੁ ਤੁਮ ਹਰਿ ਸਰਣਾ॥੧੪॥	ਪੜਹੁ ੜ ਹਲੰਤ ਨਹੀਂ ਲਾਉਣਾ	Jooai Janam N Haarahu Apanaa Bhaaj Parrahu Thum Har Saranaa ||14||	Don't lose your life in the gamble - hurry to the Lord's Sanctuary. ||14||	(ਪ੍ਰਭੂ ਦੀ ਯਾਦ ਭੁਲਾ ਕੇ) ਆਪਣਾ ਮਨੁੱਖਾ ਜਨਮ ਜੂਏ ਵਿਚ ਕਿਉਂ ਹਾਰਦੇ ਹੋ? ਤੂੰ ਛੇਤੀ ਪਰਮਾਤਮਾ ਦੀ ਸਰਨ ਪੈ ਜਾ ॥੧੪॥
19879	433	ਠਠੈ ਠਾਢਿ ਵਰਤੀ ਤਿਨ ਅੰਤਰਿ ਹਰਿ ਚਰਣੀ ਜਿਨ੍ ਕਾ ਚਿਤੁ ਲਾਗਾ॥	ਠੱਠੈ	Thathai Thaadt Varathee Thin Anthar Har Charanee Jinh Kaa Chith Laagaa ||	T'hat'ha: Peace pervades within those who link their consciousness to the Lord's Lotus Feet.	ਜਿਨ੍ਹਾਂ ਮਨੁੱਖਾਂ ਦਾ ਮਨ ਪਰਮਾਤਮਾ ਦੇ ਚਰਨਾਂ ਵਿਚ ਟਿਕਿਆ ਰਹਿੰਦਾ ਹੈ ਉਹਨਾਂ ਦੇ ਮਨ ਵਿਚ ਠੰਡ-ਸ਼ਾਂਤੀ ਬਣੀ ਰਹਿੰਦੀ ਹੈ।
19880	433	ਚਿਤੁ ਲਾਗਾ ਸੇਈ ਜਨ ਨਿਸਤਰੇ ਤਉ ਪਰਸਾਦੀ ਸੁਖੁ ਪਾਇਆ॥੧੫॥	ਨਿਸ-ਤਰੇ	Chith Laagaa Saeee Jan Nisatharae Tho Parasaadhee Sukh Paaeiaa ||15||	Those humble beings, whose consciousness is so linked, are saved; by Your Grace, they obtain peace. ||15||	ਜਿਨ੍ਹਾਂ ਦਾ ਮਨ (ਤੇਰੇ ਚਰਨਾਂ ਵਿਚ) ਜੁੜਿਆ ਰਹਿੰਦਾ ਹੈ, ਤੇਰੀ ਮਿਹਰ ਨਾਲ ਉਹਨਾਂ ਨੂੰ ਆਤਮਕ ਸੁਖ ਪ੍ਰਾਪਤ ਹੋਇਆ ਰਹਿੰਦਾ ਹੈ ॥੧੫॥

19881	433	ਡਡੈ ਡੰਫੁ ਕਰਹੁ ਕਿਆ ਪ੍ਰਾਣੀ ਜੋ ਕਿਛੁ ਹੋਆ ਸੁ ਸਭੁ ਚਲਣਾ॥	(ਡੰਫੁ) ਪਖੰਡ। ਡੱਡੈ	Ddaddai Ddanf Karahu Kiaa Praanee Jo Kishh Hoaa S Sabh Chalanaa ||	Dadda: Why do you make such ostentatious shows, O mortal? Whatever exists, shall all pass away.	ਹੇ ਜੀਵ ਵਿਖਾਵਾ ਕਿਉਂ ਕਰਦਾ ਹੈਂ? ਜਗਤ ਵਿਚ ਜੋ ਕੁਝ ਪੈਦਾ ਹੋਇਆ ਹੈ ਸਭ ਇਥੋਂ ਚਲੇ ਜਾਣ ਵਾਲਾ ਹੈ (ਨਾਸਵੰਤ ਹੈ)।
19882	433	ਤਿਸੈ ਸਰੇਵਹੁ ਤਾ ਸੁਖੁ ਪਾਵਹੁ ਸਰਬ ਨਿਰੰਤਰਿ ਰਵਿ ਰਹਿਆ॥੧੬॥		Thisai Saraevahu Thaa Sukh Paavahu Sarab Niranthar Rav Rehiaa ||16||	So serve Him, who is contained and pervading among everyone, and you shall obtain peace. ||16||	ਆਤਮਕ ਆਨੰਦ ਤਦੋਂ ਹੀ ਮਿਲੇਗਾ ਜੇ ਉਸ ਪਰਮਾਤਮਾ ਦਾ ਸਿਮਰਨ ਕਰੋਗੇ ਜੋ ਸਭ ਜੀਵਾਂ ਦੇ ਅੰਦਰ ਇਕ-ਰਸ ਵਿਆਪਕ ਹੈ ॥੧੬॥
19883	433	ਢਢੈ ਢਾਹਿ ਉਸਾਰੈ ਆਪੇ ਜਿਉ ਤਿਸੁ ਭਾਵੈ ਤਿਵੈ ਕਰੇ॥	ਢੱਢੈ	Dtadtai Dtaahi Ousaarai Aapae Jio This Bhaavai Thivai Karae ||	Dhadha: He Himself establishes and disestablishes; as it pleases His Will, so does He act.	ਪਰਮਾਤਮਾ ਆਪ ਹੀ ਜਗਤ-ਰਚਨਾ ਨੂੰ ਨਾਸ ਕਰਦਾ ਹੈ, ਆਪ ਹੀ ਬਣਾਂਦਾ ਹੈ, ਜਿਵੇਂ ਉਸ ਨੂੰ ਚੰਗਾ ਲੱਗਦਾ ਹੈ ਤਿਵੇਂ ਕਰਦਾ ਹੈ।
19884	433	ਕਰਿ ਕਰਿ ਵੇਖੈ ਹੁਕਮੁ ਚਲਾਏ ਤਿਸੁ ਨਿਸਤਾਰੇ ਜਾ ਕਉ ਨਦਰਿ ਕਰੇ॥੧੭॥		Kar Kar Vaekhai Hukam Chalaaeae This Nisathaarae Jaa Ko Nadhar Karae ||17||	Having created the creation, He watches over it; He issues His Commands, and emancipates those, upon whom He casts His Glance of Grace. ||17||	ਪ੍ਰਭੂ ਜੀਵ ਪੈਦਾ ਕਰ ਕੇ (ਸਭ ਦੀ) ਸੰਭਾਲ ਕਰਦਾ ਹੈ, (ਹਰ ਥਾਂ) ਆਪਣਾ ਹੁਕਮ ਵਰਤੋਂ ਵਿਚ ਲਿਆ ਰਿਹਾ ਹੈ। ਜਿਸ ਮਨੁੱਖ ਉਤੇ ਪ੍ਰਭੂ ਮੇਹਰ ਦੀ ਨਜ਼ਰ ਕਰਦਾ ਹੈ, ਉਸ ਨੂੰ (ਨਾਸਵੰਤ ਸੰਸਾਰ ਦੇ ਮੋਹ ਵਿਚੋਂ) ਪਾਰ ਲੰਘਾ ਲੈਂਦਾ ਹੈ ॥੧੭॥

19885	433	ਣਾਣੈ ਰਵਤੁ ਰਹੈ ਘਟ ਅੰਤਰਿ ਹਰਿ ਗੁਣ ਗਾਵੈ ਸੋਈ॥	(ਰਵਤੁ) ਸਿਮਰਦਾ	Naanai Ravath Rehai Ghatt Anthar Har Gun Gaavai Soee ||	Nanna: One whose heart is filled with the Lord, sings His Glorious Praises.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਆਪਣਾ ਆਪ ਪਰਗਟ ਕਰ ਦੇਵੇ, ਉਹ ਮਨੁੱਖ ਉਸ ਦੀ ਸਿਫ਼ਤ-ਸਾਲਾਹ ਕਰਨ ਲੱਗ ਪੈਂਦਾ ਹੈ।
19886	433	ਆਪੇ ਆਪਿ ਮਿਲਾਏ ਕਰਤਾ ਪੁਨਰਪਿ ਜਨਮੁ ਨ ਹੋਈ॥੧੮॥	(ਪੁਨ-ਰਪਿ) ਫਿਰ	Aapae Aap Milaaeae Karathaa Punarap Janam N Hoee ||18||	One whom the Creator Lord unites with Himself, is not consigned to reincarnation. ||18||	ਕਰਤਾਰ ਆਪ ਹੀ ਪ੍ਰਾਣੀ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ ਤੇ ਫਿਰ ਉਸ ਨੂੰ ਮੁੜ ਮੁੜ ਜਨਮ ਨਹੀਂ ਮਿਲਦਾ ॥੧੮॥
19887	433	ਤਤੈ ਤਾਰੂ ਭਵਜਲੁ ਹੋਆ ਤਾ ਕਾ ਅੰਤੁ ਨ ਪਾਇਆ॥	(ਤਾਰੂ) ਤਰਨ ਬਿਨਾ ਨ ਲੰਘਿਆ ਜਾਣ ਵਾਲਾ। (ਭਵਜਲੁ) ਸੰਸਾਰ ਸਮੁੰਦ੍ਰ। ਤੱਤੈ	Thathai Thaaroo Bhavajal Hoaa Thaa Kaa Anth N Paaeiaa ||	Tatta: The terrible world-ocean is so very deep; its limits cannot be found.	ਇਹ ਸੰਸਾਰ-ਸਮੁੰਦਰ (ਜਿਸ ਵਿਚ ਵਿਕਾਰਾਂ ਦਾ ਹੜ੍ਹ ਠਾਠਾਂ ਮਾਰ ਰਿਹਾ ਹੈ) ਬਹੁਤ ਹੀ ਡੂੰਘਾ ਹੈ, ਇਸ ਦਾ ਪਾਰਲਾ ਬੰਨਾ ਭੀ ਨਹੀਂ ਲੱਭਦਾ।
19888	433	ਨਾ ਤਰ ਨਾ ਤੁਲਹਾ ਹਮ ਬੂਡਸਿ ਤਾਰਿ ਲੇਹਿ ਤਾਰਣ ਰਾਇਆ॥੧੯॥	(ਨਾ)ਨਹੀ (ਤਰ)ਤਰਨਾ ਜਾਣਦੇ।ਨਾ ਪ੍ਰੇਮ ਰੂਪੀ ਤੁਲਹਾ ਹੈ। (ਬੂਡਸਿ) ਡੁੱਬਦੇ। (ਰਾਇਆ) ਪਾਤਸ਼ਾਹ ਜੀ	Naa Thar Naa Thulehaa Ham Booddas Thaar Laehi Thaaran Raaeiaa ||19||	I do not have a boat, or even a raft; I am drowning - save me, O Savior King! ||19||	(ਇਸ ਵਿਚੋਂ ਪਾਰ ਲੰਘਣ ਲਈ) ਸਾਡੇ ਪਾਸ ਨਾਹ ਕੋਈ ਬੇੜੀ ਹੈ ਨਾ ਕੋਈ ਤੁਲਹਾ ਹੈ, ਅਸੀਂ ਡੁੱਬ ਜਾਵਾਂਗੇ। ਹੇ ਤਾਰਣ ਦੇ ਸਮਰੱਥ ਪ੍ਰਭੂ,ਸਾਨੂੰ ਪਾਰ ਲੰਘਾ ਲੈ! ॥੧੯॥
19889	433	ਥਥੈ ਥਾਨਿ ਥਾਨੰਤਰਿ ਸੋਈ ਜਾ ਕਾ ਕੀਆ ਸਭੁ ਹੋਆ॥	ਥੱਥੈ	Thhathhai Thhaan Thhaananthar Soee Jaa Kaa Keeaa Sabh Hoaa ||	T'hat'ha: In all places and interspaces, He is; everything which exists, is by His doing.	ਜਿਸ ਪਰਮਾਤਮਾ ਦਾ ਬਣਾਇਆ ਹੋਇਆ ਇਹ ਸਾਰਾ ਜਗਤ ਹੈ, ਉਹੀ (ਇਸ ਜਗਤ ਦੇ) ਹਰੇਕ ਥਾਂ ਵਿਚ ਮੌਜੂਦ ਹੈ।

19890	433	ਕਿਆ ਭਰਮੁ ਕਿਆ ਮਾਇਆ ਕਹੀਐ ਜੋ ਤਿਸੁ ਭਾਵੈ ਸੋਈ ਭਲਾ॥੨੦॥		Kiaa Bharam Kiaa Maaeiaa Keheeai Jo This Bhaavai Soee Bhalaa ||20||	What is doubt? What is called Maya? Whatever pleases Him is good. ||20||	ਸੰਦੇਹ ਜਾਂ ਮਾਇਆ ਦਾ ਕੀ ਕਹੀਏ? ਜੋ ਉਸ ਪ੍ਰਭੂ ਨੂੰ ਚੰਗਾ ਲੱਗਦਾ ਹੈ ਉਹੀ (ਜਗਤ ਵਿਚ ਹੋ ਰਿਹਾ ਹੈ, ਤੇ ਜੀਵਾਂ ਵਾਸਤੇ) ਚੰਗਾ ਹੋ ਰਿਹਾ ਹੈ ॥੨੦॥
19891	433	ਦਦੈ ਦੋਸੁ ਨ ਦੇਊ ਕਿਸੈ ਦੋਸੁ ਕਰੰਮਾ ਆਪਣਿਆ॥	ਦੱਦੈ	Dhadhai Dhos N Dhaeoo Kisai Dhos Karanmaa Aapaniaa ||	Dadda: Do not blame anyone else; blame instead your own actions.	ਕਿਸੇ ਹੋਰ ਨੂੰ ਦੋਸ਼ ਨਹੀਂ ਦੇਣਾ ਚਾਹੀਦਾ, ਦੋਸ਼ ਤਾਂ ਪਿਛਲੇ ਕੀਤੇ ਸੰਸਾਰਾਂ ਦਾ ਹੈ।
19892	433	ਜੋ ਮੈ ਕੀਆ ਸੋ ਮੈ ਪਾਇਆ ਦੋਸੁ ਨ ਦੀਜੈ ਅਵਰ ਜਨਾ॥੨੧॥		Jo Mai Keeaa So Mai Paaeiaa Dhos N Dheejai Avar Janaa ||21||	Whatever I did, for that I have suffered; I do not blame anyone else. ||21||	ਜਿਹੋ ਜਿਹੇ ਕੰਮ ਮੈਂ ਕਰਦਾ ਹਾਂ, ਉਹੋ ਜਿਹਾ ਫਲ ਮੈਂ ਪਾ ਲੈਂਦਾ ਹਾਂ, ਦੂਜਿਆਂ ਨੂੰ ਦੋਸ਼ ਨਾ ਦੇਹ! ॥੨੧॥
19893	433	ਧਧੈ ਧਾਰਿ ਕਲਾ ਜਿਨਿ ਛੋਡੀ ਹਰਿ ਚੀਜੀ ਜਿਨਿ ਰੰਗ ਕੀਆ॥	(ਚੀੱਜੀ) ਚੀਜ਼ਾਂ ਚ	Dhhadhhai Dhhaar Kalaa Jin Shhoddee Har Cheejee Jin Rang Keeaa ||	Dhadha: His power established and upholds the earth; the Lord has imparted His color to everything.	ਜਿਸ ਹਰੀ ਨੇ (ਸਾਰੀ ਸ੍ਰਿਸ਼ਟੀ ਵਿਚ) ਆਪਣੀ ਸੱਤਿਆ ਟਿਕਾ ਰੱਖੀ ਹੈ ਜਿਸ ਕੌਤਕੀ ਪ੍ਰਭੂ ਨੇ ਇਹ ਰੰਗਾ ਰੰਗ ਦੀ ਰਚਨਾ ਰੱਚ ਦਿੱਤੀ ਹੈ,

19894	433	ਤਿਸ ਦਾ ਦੀਆ ਸਭਨੀ ਲੀਆ ਕਰਮੀ ਕਰਮੀ ਹੁਕਮੁ ਪਇਆ॥੨੨॥		This Dhaa Dheeaa Sabhanee Leeaa Karamee Karamee Hukam Paeiaa ||22||	His gifts are received by everyone; all act according to His Command. ||22||	ਸਾਰੇ ਜੀਵ ਉਸੇ ਦੀਆਂ ਬਖ਼ਸ਼ੀਆਂ ਦਾਤਾਂ ਵਰਤ ਰਹੇ ਹਨ, ਪਰ (ਇਹਨਾਂ ਦਾਤਾਂ ਦੇ ਬਖ਼ਸ਼ਣ ਵਿਚ) ਹਰੇਕ ਜੀਵ ਦੇ ਆਪੋ ਆਪਣੇ ਕੀਤੇ ਕਰਮਾਂ ਅਨੁਸਾਰ ਹੀ ਪ੍ਰਭੂ ਦਾ ਹੁਕਮ ਵਰਤ ਰਿਹਾ ਹੈ ॥੨੨॥
19895	433	ਨੰਨੈ ਨਾਹ ਭੋਗ ਨਿਤ ਭੋਗੈ ਨਾ ਡੀਠਾ ਨਾ ਸੰਮ੍ਹਲਿਆ॥	(ਨਾਹ) ਖਸਮ ਵਾਹਿਗੁਰੂ ਜੀ	Nannai Naah Bhog Nith Bhogai Naa Ddeethaa Naa Sanmhaliaa ||	Nanna: The Husband Lord enjoys eternal pleasures, but He is not seen or understood.	ਜਿਸ ਪਰਮਾਤਮਾ ਦੇ ਦਿੱਤੇ ਹੋਏ ਪਦਾਰਥ ਹਰੇਕ ਜੀਵ ਵਰਤ ਰਿਹਾ ਹੈ, ਉਸ ਦਾ ਅਜੇ ਤਕ ਮੈਂ ਕਦੇ ਦਰਸਨ ਨਹੀਂ ਕੀਤਾ, ਉਸ ਨੂੰ ਕਦੇ ਹਿਰਦੇ ਵਿਚ ਨਹੀਂ ਟਿਕਾਇਆ।
19896	433	ਗਲੀ ਹਉ ਸੋਹਾਗਣਿ ਭੈਣੇ ਕੰਤੁ ਨ ਕਬਹੂੰ ਮੈ ਮਿਲਿਆ॥੨੩॥	ਗੱਲੀਂ	Galee Ho Sohaagan Bhainae Kanth N Kabehoon Mai Miliaa ||23||	I am called the happy soul-bride, O sister, but my Husband Lord has never met me. ||23||	(ਵਿੱਦਿਆ ਦੇ ਆਸਰੇ) ਮੈਂ ਨਿਰੀਆਂ ਗੱਲਾਂ ਨਾਲ ਹੀ ਆਪਣੇ ਆਪ ਨੂੰ ਸੋਹਾਗਣਿ ਆਖਦੀ ਰਹੀ, ਪਰ ਕੰਤ-ਪ੍ਰਭੂ ਮੈਨੂੰ ਅਜੇ ਤਕ ਕਦੇ ਨਹੀਂ ਮਿਲਿਆ ॥੨੩॥
19897	433	ਪਪੈ ਪਾਤਿਸਾਹੁ ਪਰਮੇਸਰੁ ਵੇਖਣ ਕਉ ਪਰਪੰਚੁ ਕੀਆ॥	(ਪਰਪੰਚੁ) ਸੰਸਾਰ। ਪੱਪੈ	Papai Paathisaahu Paramaesar Vaekhan Ko Parapanch Keeaa ||	Pappa: The Supreme King, the Transcendent Lord, created the world, and watches over it.	ਪਰਮੇਸਰ ਪਾਤਿਸ਼ਾਹ ਹੈ, ਉਸ ਨੇ ਆਪ ਇਹ ਸੰਸਾਰ ਰਚਿਆ ਹੈ, ਕਿ ਜੀਵ ਇਸ ਵਿਚ ਉਸ ਦਾ ਦੀਦਾਰ ਕਰਨ।

19898	433	ਦੇਖੈ ਬੂਝੈ ਸਭੁ ਕਿਛੁ ਜਾਣੈ ਅੰਤਰਿ ਬਾਹਰਿ ਰਵਿ ਰਹਿਆ॥੨੪॥		Dhaekhai Boojhai Sabh Kishh Jaanai Anthar Baahar Rav Rehiaa ||24||	He sees and understands, and knows everything; inwardly and outwardly, he is fully pervading. ||24||	ਰਚਨਹਾਰ ਪ੍ਰਭੂ ਹਰੇਕ ਜੀਵ ਦੀ ਸੰਭਾਲ ਕਰਦਾ ਹੈ, ਹਰੇਕ ਦੇ ਦਿਲ ਦੀ ਸਮਝਦਾ ਜਾਣਦਾ ਹੈ, ਉਹ ਸਾਰੇ ਸੰਸਾਰ ਵਿਚ ਅੰਦਰ ਬਾਹਰ ਹਰ ਥਾਂ ਵਿਆਪਕ ਹੈ ॥੨੪॥
19899	433	ਫਫੈ ਫਾਹੀ ਸਭੁ ਜਗੁ ਫਾਸਾ ਜਮ ਕੈ ਸੰਗਲਿ ਬੰਧਿ ਲਇਆ॥	ਫੱਫੈ	Fafai Faahee Sabh Jag Faasaa Jam Kai Sangal Bandhh Laeiaa ||	Faffa: The whole world is caught in the noose of Death, and all are bound by its chains.	ਸਾਰਾ ਸੰਸਾਰ (ਮਾਇਆ ਦੀ ਕਿਸੇ ਨ ਕਿਸੇ) ਫਾਹੀ ਵਿਚ ਫਸਿਆ ਹੋਇਆ ਹੈ, ਜਮ ਦੇ ਫਾਹੇ ਨੇ ਬੰਨ੍ਹ ਰੱਖਿਆ ਹੈ (ਭਾਵ, ਮਾਇਆ ਦੇ ਪ੍ਰਭਾਵ ਵਿਚ ਆ ਕੇ ਸੰਸਾਰ ਐਸੇ ਕਰਮ ਕਰਦਾ ਜਾ ਰਿਹਾ ਹੈ ਕਿ ਜਮ ਦੇ ਕਾਬੂ ਵਿਚ ਆਉਂਦਾ ਜਾਂਦਾ ਹੈ)।
19900	433	ਗੁਰ ਪਰਸਾਦੀ ਸੇ ਨਰ ਉਬਰੇ ਜਿ ਹਰਿ ਸਰਣਾਗਤਿ ਭਜਿ ਪਇਆ॥੨੫॥	ਸਰ-ਣਾਗਤਿ। ਭੱਜਿ	Gur Parasaadhee Sae Nar Oubarae J Har Saranaagath Bhaj Paeiaa ||25||	By Guru's Grace, they alone are saved, who hurry to enter the Lord's Sanctuary. ||25||	ਇਸ ਫਾਹੇ ਵਿਚੋਂ ਗੁਰੂ ਦੀ ਕਿਰਪਾ ਨਾਲ ਸਿਰਫ਼ ਉਹੀ ਬੰਦੇ ਬਚੇ ਹਨ, ਜਿਹੜੇ ਦੌੜ ਕੇ ਪਰਮਾਤਮਾ ਦੀ ਸਰਨ ਜਾ ਪਏ ਹਨ ॥੨੫॥
19901	433	ਬਬੈ ਬਾਜੀ ਖੇਲਣ ਲਾਗਾ ਚਉਪੜਿ ਕੀਤੇ ਚਾਰਿ ਜੁਗਾ॥	ਖ੍ਹੇਲਣ ਲੱਗਾ ਚਉੱਪੜਿ ਜੁੱਗਾ	Babai Baajee Khaelan Laagaa Chouparr Keethae Chaar Jugaa ||	Babba: He set out to play the game, on the chess-board of the four ages.	ਪਰਮਾਤਮਾ ਆਪ (ਚੌਪੜ ਦੀ) ਖੇਡ ਖੇਡ ਰਿਹਾ ਹੈ, ਚਾਰ ਜੁਗਾਂ ਨੂੰ ਉਸ ਨੇ (ਚੌਪੜ ਦੇ) ਚਾਰ ਪੱਲੇ ਬਣਾਇਆ ਹੈ,

19902	434	ਜੀਅ ਜੰਤ ਸਭ ਸਾਰੀ ਕੀਤੇ ਪਾਸਾ ਢਾਲਣਿ ਆਪਿ ਲਗਾ॥੨੬॥	(ਸਾਰੀ) ਨਰਦਾਂ ਚਉਪੜ ਖੇਡ ਵਾਲੇ ਖਾਨਿਆਂ ਚ ਰੱਖੀਦੀਆਂ। (ਪਾਸਾ) ਬਿੰਦੀਆਂ ਵਾਲਾ ਚਉਪੜ ਚ ਸੁੱਟਣ ਵਾਲਾ ਟੁਕੜਾ	Jeea Janth Sabh Saaree Keethae Paasaa Dtaalan Aap Lagaa ||26||	He made all beings and creatures his chessmen, and He Himself threw the dice. ||26||	ਉਸ ਨੇ ਇੰਜ ਸਾਰੇ ਜੀਵ ਜੰਤੂ ਨਰਦਾਂ ਬਣਾਈਆਂ ਹੋਈਆਂ ਹਨ ਤੇ ਪ੍ਰਭੂ ਆਪ ਹੀ ਪਾਸੇ ਸੁੱਟਦਾ ਹੈ (ਇੰਜ ਕਈ ਨਰਦਾਂ ਪੁੱਗਦੀਆਂ ਜਾਂਦੀਆਂ ਹਨ, ਕਈ ਉਹਨਾਂ ਚੌਹਾਂ ਖ਼ਾਨਿਆਂ ਦੇ ਗੇੜ ਵਿਚ ਹੀ ਪਈਆਂ ਰਹਿੰਦੀਆਂ ਹਨ) ॥੨੬॥
19903	434	ਭਭੈ ਭਾਲਹਿ ਸੇ ਫਲੁ ਪਾਵਹਿ ਗੁਰ ਪਰਸਾਦੀ ਜਿਨ੍ ਕਉ ਭਉ ਪਇਆ॥		Bhabhai Bhaalehi Sae Fal Paavehi Gur Parasaadhee Jinh Ko Bho Paeiaa ||	Bhabha: Those who search, find the fruits of their rewards; by Guru's Grace, they live in the Fear of God.	ਗੁਰੂ ਦੀ ਕਿਰਪਾ ਨਾਲ ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਪਰਮਾਤਮਾ ਦਾ ਡਰ ਟਿਕ ਜਾਂਦਾ ਹੈ ਉਹ ਪ੍ਰਭੂ ਨੂੰ ਢੂੰਡਦੇ ਹਨ ਤੇ (ਆਪਣੇ ਜਤਨਾਂ ਦਾ) ਫਲ ਹਾਸਲ ਕਰ ਲੈਂਦੇ ਹਨ।
19904	434	ਮਨਮੁਖ ਫਿਰਹਿ ਨ ਚੇਤਹਿ ਮੂੜੇ ਲਖ ਚਉਰਾਸੀਹ ਫੇਰੁ ਪਇਆ॥੨੭॥		Manamukh Firehi N Chaethehi Moorrae Lakh Chouraaseeh Faer Paeiaa ||27||	The self-willed manmukhs wander around, and they do not remember the Lord; the fools are consigned to the cycle of 8.4 million incarnations. ||27||	ਪਰ (ਪੜ੍ਹੀ ਹੋਈ ਵਿੱਦਿਆ ਦੇ ਆਸਰੇ ਆਪਣੇ ਆਪ ਨੂੰ ਸਿਆਣੇ ਸਮਝਣ ਵਾਲੇ) ਜੇਹੜੇ ਮੂਰਖ ਬੰਦੇ ਆਪਣੇ ਮਨ ਦੇ ਪਿਛੇ ਤੁਰਦੇ ਹਨ, ਉਹ ਹੋਰ ਹੋਰ ਪਾਸੇ ਭਟਕਦੇ ਹਨ, ਪਰਮਾਤਮਾ ਨੂੰ ਯਾਦ ਨਹੀਂ ਕਰਦੇ, ਉਹਨਾਂ ਨੂੰ ਚੌਰਾਸੀ ਲੱਖ ਜੂਨਾਂ ਦਾ ਗੇੜ ਨਸੀਬ ਹੁੰਦਾ ਹੈ ॥੨੭॥

19905	434	ਮੰਮੈ ਮੋਹੁ ਮਰਣੁ ਮਧੁਸੂਦਨੁ ਮਰਣੁ ਭਇਆ ਤਬ ਚੇਤਵਿਆ॥	(ਮਧੁਸੂਦਨੁ) ਵਾਹਿਗੁਰੂ ਜੀ	Manmai Mohu Maran Madhhusoodhan Maran Bhaeiaa Thab Chaethaviaa ||	Mamma: In emotional attachment, he dies; he only thinks of the Lord, the Love of Nectar, when he dies.	ਮਾਇਆ ਦਾ ਮੋਹ ਮਨੁੱਖ ਦੀ ਆਤਮਕ ਮੌਤ (ਦਾ ਮੂਲ ਹੁੰਦਾ) ਹੈ ਜਦੋਂ ਮੌਤ ਸਿਰ ਤੇ ਆਉਂਦੀ ਹੈ, ਤਦੋਂ ਪਰਮਾਤਮਾ ਨੂੰ ਯਾਦ ਕਰਨ ਦਾ ਖ਼ਿਆਲ ਆਉਂਦਾ ਹੈ।
19906	434	ਕਾਇਆ ਭੀਤਰਿ ਅਵਰੋ ਪੜਿਆ ਮੰਮਾ ਅਖਰੁ ਵੀਸਰਿਆ॥੨੮॥	ਪੜ੍ਹਿਆ	Kaaeiaa Bheethar Avaro Parriaa Manmaa Akhar Veesariaa ||28||	As long as the body is alive, he reads other things, and forgets the letter 'm', which stands for marnaa - death. ||28||	ਜਿਤਨਾ ਚਿਰ ਜੀਉਂਦਾ ਰਿਹਾ ਹੋਰ ਗੱਲਾਂ ਹੀ ਪੜ੍ਹਦਾ ਰਿਹਾ, ਨਾਹ ਮੌਤ ਚੇਤੇ ਆਈ ਨਾਹ ਮਧੁਸੂਦਨੁ (ਪਰਮਾਤਮਾ) ਚੇਤੇ ਆਇਆ ॥੨੮॥
19907	434	ਯਯੈ ਜਨਮੁ ਨ ਹੋਵੀ ਕਦ ਹੀ ਜੇ ਕਰਿ ਸਚੁ ਪਛਾਣੈ॥	ਯ-ਯੈ: ਯੈ ਤਾਲੂ ਤੋਂ ਬੋਲੋ	Yayai Janam N Hovee Kadh Hee Jae Kar Sach Pashhaanai ||	Yaya: He is never reincarnated again, if he recognizes the True Lord.	ਉਸ ਮਨੁੱਖ ਨੂੰ ਮੁੜ ਕਦੇ ਜਨਮ-ਮਰਨ ਦਾ ਗੇੜ ਨਹੀਂ ਮਿਲਦਾ, ਜੋ ਅਸਲੀਅਤ ਸਮਝ ਜਾਵੇ,
19908	434	ਗੁਰਮੁਖਿ ਆਖੈ ਗੁਰਮੁਖਿ ਬੂਝੈ ਗੁਰਮੁਖਿ ਏਕੋ ਜਾਣੈ॥੨੯॥		Guramukh Aakhai Guramukh Boojhai Guramukh Eaeko Jaanai ||29||	The Gurmukh speaks, the Gurmukh understands, and the Gurmukh knows only the One Lord. ||29||	ਤੇ ਗੁਰੂ ਦੇ ਦੱਸੇ ਰਸਤੇ ਉਤੇ ਤੁਰ ਕੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਹੀ ਹਰ ਥਾਂ ਵੇਖੇ, ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਰਹੇ, ਪਰਮਾਤਮਾ ਨੂੰ ਸਰਬ-ਵਿਆਪਕ ਸਮਝੇ, ਅਤੇ ਪਰਮਾਤਮਾ ਨਾਲ ਹੀ ਡੂੰਘੀ ਜਾਣ-ਪਛਾਣ ਪਾਏ ॥੨੯॥

19909	434	ਰਾਰੈ ਰਵਿ ਰਹਿਆ ਸਭ ਅੰਤਰਿ ਜੇਤੇ ਕੀਏ ਜੰਤਾ॥		Raarai Rav Rehiaa Sabh Anthar Jaethae Keeeae Janthaa ||	Rarra: The Lord is contained among all; He created all beings.	ਜਿਤਨੇ ਭੀ ਜੀਵ (ਸ੍ਰਿਸ਼ਟੀ ਵਿਚ ਪਰਮਾਤਮਾ ਨੇ) ਪੈਦਾ ਕੀਤੇ ਹੋਏ ਹਨ, ਉਹਨਾਂ ਸਭਨਾਂ ਦੇ ਅੰਦਰ ਪ੍ਰਭੂ ਆਪ ਮੌਜੂਦ ਹੈ।
19910	434	ਜੰਤ ਉਪਾਇ ਧੰਧੈ ਸਭ ਲਾਏ ਕਰਮੁ ਹੋਆ ਤਿਨ ਨਾਮੁ ਲਇਆ॥੩੦॥		Janth Oupaae Dhhandhhai Sabh Laaeae Karam Hoaa Thin Naam Laeiaa ||30||	Having created His beings, He has put them all to work; they alone remember the Naam, upon whom He bestows His Grace. ||30||	ਜੀਵ ਪੈਦਾ ਕਰ ਕੇ ਸਭਨਾਂ ਨੂੰ ਪਰਮਾਤਮਾ ਨੇ ਮਾਇਆ ਦੀ ਕਿਰਤ-ਕਾਰ ਵਿਚ ਲਾਇਆ ਹੋਇਆ ਹੈ। ਜਿਨ੍ਹਾਂ ਉਤੇ ਉਸ ਦੀ ਮੇਹਰ ਹੁੰਦੀ ਹੈ, ਉਹੀ ਉਸ ਦਾ ਨਾਮ ਸਿਮਰਦੇ ਹਨ ॥੩੦॥
19911	434	ਲਲੈ ਲਾਇ ਧੰਧੈ ਜਿਨਿ ਛੋਡੀ ਮੀਠਾ ਮਾਇਆ ਮੋਹੁ ਕੀਆ॥	ਲੱਲੈ	Lalai Laae Dhhandhhai Jin Shhoddee Meethaa Maaeiaa Mohu Keeaa ||	Lalla: He has assigned people to their tasks, and made the love of Maya seem sweet to them.	ਜਿਸ ਪਰਮਾਤਮਾ ਨੇ (ਆਪਣੀ ਰਚੀ ਸ੍ਰਿਸ਼ਟੀ) ਮਾਇਆ ਦੀ ਕਿਰਤ-ਕਾਰ ਵਿਚ ਲਾਈ ਹੋਈ ਹੈ, ਜਿਸ ਨੇ (ਜੀਵਾਂ ਵਾਸਤੇ) ਮਾਇਆ ਦਾ ਮੋਹ ਮਿੱਠਾ ਬਣਾ ਦਿੱਤਾ ਹੈ,
19912	434	ਖਾਣਾ ਪੀਣਾ ਸਮ ਕਰਿ ਸਹਣਾ ਭਾਣੈ ਤਾ ਕੈ ਹੁਕਮੁ ਪਇਆ॥੩੧॥	(ਸਮ) ਬਰਾਬਰ	Khaanaa Peenaa Sam Kar Sehanaa Bhaanai Thaa Kai Hukam Paeiaa ||31||	We eat and drink; we should endure equally whatever occurs, by His Will, by His Command. ||31||	ਉਸੇ ਦੀ ਹੀ ਰਜ਼ਾ ਵਿਚ ਉਸ ਦਾ ਹੁਕਮ ਵਰਤਦਾ ਹੈ, ਤੇ ਜੀਵਾਂ ਨੂੰ ਖਾਣ ਪੀਣ ਦੇ ਪਦਾਰਥ (ਭਾਵ, ਸੁਖ) ਅਤੇ ਉਸੇ ਤਰ੍ਹਾਂ ਦੁਖ ਭੀ ਸਹਣ ਨੂੰ ਮਿਲਦੇ ਹਨ ॥੩੧॥

19913	434	ਵਵੈ ਵਾਸੁਦੇਉ ਪਰਮੇਸਰੁ ਵੇਖਣ ਕਉ ਜਿਨਿ ਵੇਸੁ ਕੀਆ॥		Vavai Vaasudhaeo Paramaesar Vaekhan Ko Jin Vaes Keeaa ||	Wawa: The all-pervading Transcendent Lord beholds the world; He created the form it wears.	ਪਰਮਾਤਮਾ ਪਰਮੇਸਰ ਆਪ ਹੀ ਹੈ ਜਿਸ ਨੇ ਤਮਾਸ਼ਾ ਵੇਖਣ ਵਾਸਤੇ ਇਹ ਜਗਤ ਰਚਿਆ ਹੈ,
19914	434	ਵੇਖੈ ਚਾਖੈ ਸਭੁ ਕਿਛੁ ਜਾਣੈ ਅੰਤਰਿ ਬਾਹਰਿ ਰਵਿ ਰਹਿਆ॥੩੨॥		Vaekhai Chaakhai Sabh Kishh Jaanai Anthar Baahar Rav Rehiaa ||32||	He beholds, tastes, and knows everything; He is pervading and permeating inwardly and outwardly. ||32||	ਹਰੇਕ ਜੀਵ ਦੀ ਚੰਗੀ ਸੰਭਾਲ ਕਰਦਾ ਹੈ, (ਹਰੇਕ ਦੇ ਦਿਲ ਦੀ) ਸਭ ਗੱਲ ਜਾਣਦਾ ਹੈ, ਅਤੇ ਅੰਦਰ ਬਾਹਰ ਹਰ ਥਾਂ ਵਿਆਪਕ ਹੈ ॥੩੨॥
19915	434	ੜਾੜੈ ਰਾੜਿ ਕਰਹਿ ਕਿਆ ਪ੍ਰਾਣੀ ਤਿਸਹਿ ਧਿਆਵਹੁ ਜਿ ਅਮਰੁ ਹੋਆ॥	(ਰਾੜਿ) ਝਗੜਾ	Rraarrai Raarr Karehi Kiaa Praanee Thisehi Dhhiaavahu J Amar Hoaa ||	Rarra: Why do you quarrel, O mortal? Meditate on the Imperishable Lord,	ਹੇ ਪ੍ਰਾਣੀ! ਤੂੰ ਝਗੜੇ ਆਦਿਕ ਵਿੱਚ ਕਿਉਂ ਲਗਾ ਹੋਇਆ ਹੈਂ, ਉਸ ਪਰਮਾਤਮਾ ਨੂੰ ਸਿਮਰੋ ਜੋ ਸਦਾ ਕਾਇਮ ਰਹਿਣ ਵਾਲਾ ਹੈ!
19916	434	ਤਿਸਹਿ ਧਿਆਵਹੁ ਸਚਿ ਸਮਾਵਹੁ ਓਸੁ ਵਿਟਹੁ ਕੁਰਬਾਣੁ ਕੀਆ॥੩੩॥		Thisehi Dhhiaavahu Sach Samaavahu Ous Vittahu Kurabaan Keeaa ||33||	And be absorbed into the True One. Become a sacrifice to Him. ||33||	ਉਸੇ ਨੂੰ ਸਿਮਰੋ, ਉਸ ਸਦਾ-ਥਿਰ ਪ੍ਰਭੂ ਵਿਚ ਲੀਨ ਹੋਏ ਰਹੋ! (ਉਹੀ ਮਨੁੱਖ ਅਸਲੀ ਪੜ੍ਹਿਆ ਪੰਡਿਤ ਹੈ ਜਿਸ ਨੇ) ਉਸ ਪਰਮਾਤਮਾ (ਦੀ ਯਾਦ) ਤੋਂ (ਆਪਣੀ ਹਉਮੈ ਨੂੰ) ਸਦਕੇ ਕਰ ਦਿੱਤਾ ਹੈ ॥੩੩॥

19917	434	ਹਾਹੈ ਹੋਰੁ ਨ ਕੋਈ ਦਾਤਾ ਜੀਅ ਉਪਾਇ ਜਿਨਿ ਰਿਜਕੁ ਦੀਆ॥		Haahai Hor N Koee Dhaathaa Jeea Oupaae Jin Rijak Dheeaa ||	Haha: There is no other Giver than Him; having created the creatures, He gives them nourishment.	ਜਿਸ ਪਰਮਾਤਮਾ ਨੇ (ਸ੍ਰਿਸ਼ਟੀ ਦੇ) ਜੀਵ ਪੈਦਾ ਕਰ ਕੇ ਸਭਨਾਂ ਨੂੰ ਰਿਜ਼ਕ ਅਪੜਾਇਆ ਹੋਇਆ ਹੈ, (ਉਸ ਤੋਂ ਬਿਨਾ) ਕੋਈ ਹੋਰ ਦਾਤਾਂ ਦੇਣ ਵਾਲਾ ਨਹੀਂ ਹੈ।
19918	434	ਹਰਿ ਨਾਮੁ ਧਿਆਵਹੁ ਹਰਿ ਨਾਮਿ ਸਮਾਵਹੁ ਅਨ ਦਿਨੁ ਲਾਹਾ ਹਰਿ ਨਾਮੁ ਲੀਆ॥੩੪॥		Har Naam Dhhiaavahu Har Naam Samaavahu Anadhin Laahaa Har Naam Leeaa ||34||	Meditate on the Lord's Name, be absorbed into the Lord's Name, and night and day, reap the Profit of the Lord's Name. ||34||	(ਹੇ ਮਨ!) ਉਸੇ ਹਰੀ ਦਾ ਨਾਮ ਸਿਮਰਦੇ ਰਹੋ, ਉਸ ਹਰੀ ਦੇ ਨਾਮ ਵਿਚ ਸਦਾ ਟਿਕੇ ਰਹੋ। (ਉਹੀ ਹੈ ਪੜ੍ਹਿਆ ਪੰਡਿਤ ਜਿਸ ਨੇ) ਹਰ ਵੇਲੇ ਹਰੀ-ਨਾਮ ਸਿਮਰਨ ਦਾ ਲਾਭ ਖੱਟਿਆ ਹੈ ॥੩੪॥
19919	434	ਆਇੜੈ ਆਪਿ ਕਰੇ ਜਿਨਿ ਛੋਡੀ ਜੋ ਕਿਛੁ ਕਰਣਾ ਸੁ ਕਰਿ ਰਹਿਆ॥		Aaeirrai Aap Karae Jin Shhoddee Jo Kishh Karanaa S Kar Rehiaa ||	Airaa: He Himself created the world; whatever He has to do, He continues to do.	ਜਿਸ ਪਰਮਾਤਮਾ ਨੇ (ਇਹ ਸਾਰੀ ਸ੍ਰਿਸ਼ਟੀ) ਆਪ ਪੈਦਾ ਕੀਤੀ ਹੋਈ ਹੈ, ਉਹ ਜੋ ਕੁਝ ਕਰਨਾ ਠੀਕ ਸਮਝਦਾ ਹੈ ਉਹੀ ਕੁਝ ਕਰੀ ਜਾ ਰਿਹਾ ਹੈ।
19920	434	ਕਰੇ ਕਰਾਏ ਸਭ ਕਿਛੁ ਜਾਣੈ ਨਾਨਕ ਸਾਇਰ ਇਵ ਕਹਿਆ॥੩੫॥੧॥		Karae Karaaeae Sabh Kishh Jaanai Naanak Saaeir Eiv Kehiaa ||35||1||	He acts, and causes others to act, and He knows everything; so says Nanak, the poet. ||35||1||	ਪਰਮਾਤਮਾ ਆਪ ਸਭ ਕੁਝ ਕਰਦਾ ਹੈ, ਆਪ ਹੀ ਸਭ ਕੁਝ ਜੀਵਾਂ ਪਾਸੋਂ ਕਰਾਂਦਾ ਹੈ, (ਹਰੇਕ ਦੇ ਦਿਲ ਦੀ ਭਾਵਨਾ) ਆਪ ਹੀ ਜਾਣਦਾ ਹੈ; ਕਵੀ ਨਾਨਕ ਇਹ ਕਹਿੰਦਾ ਹੈ ॥੩੫॥੧॥

19921	434	ਰਾਗੁ ਆਸਾ ਮਹਲਾ ੩ ਪਟੀ	ਪੱਟੀ	Raag Aasaa Mehalaa 3 Pattee	Raag Aasaa, Third Mehl, Patee - The Alphabet:	ਰਾਗ ਆਸਾ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ 'ਪਟੀ'।
19922	434	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
19923	434	ਅਯੋ ਅੰਕੈ ਸਭੁ ਜਗੁ ਆਇਆ ਕਾਖੈ ਘੰਕੈ ਕਾਲੁ ਭਇਆ॥	ਜੋ(ਅੰਕੈ) ਪਿਆਰੇ ਵਾਹਿਗੁਰੂ ਜੀ, ਸਭ ਦੇ(ਅੰਕੈ) ਅੰਗਾਂ ਚ (ਅਯੋ) ਆਏ ਹਨ, ਉਨ੍ਹਾਂ ਚੋਂ ਸਾਰਾ ਸੰਸਾਰ ਆਇਆ ਹੈ। ਸੰਸਾਰ(ਘੰਕੈ) ਘਰ। ਕਾਖੈ:ਪੋਲਾ ਬੋਲੋ। (ਕਾਖੈ)ਕਾਲ਼ (ਖੈ) ਨਾਸ ਰੂਪ ਹੈ। ਅੰਤ ਨੂੰ	Ayo Ann(g)ai Sabh Jag Aaeiaa Kaakhai Ghann(g)ai Kaal Bhaeiaa ||	Ayo, Angai: The whole world which was created - Kaahkai, Ghangai: It shall pass away.	ਸਾਰਾ ਜਗਤ (ਜੋ) ਹੋਂਦ ਵਿਚ ਆਇਆ ਹੋਇਆ ਹੈ, (ਇਸ ਦੇ ਸਿਰ ਉਤੇ) ਮੌਤ (ਭੀ) ਮੌਜੂਦ ਹੈ,
19924	434	ਰੀਰੀ ਲਲੀ ਪਾਪ ਕਮਾਣੇ ਪੜਿ ਅਵਗਣ ਗੁਣ ਵੀਸਰਿਆ॥੧॥	(ਰੀਰੀ)ਹੇ ਸਖੀ! (ਰੀ)ਇੰਦ੍ਰੀਆਂ ਦੇ ਅਥਵਾ (ਰੀ) ਨਿੰਦਾ। ਲਲੀ:ਪੋਲਾ ਬੋਲੋ। (ਲਲੀ)ਲਾਲਚ ਚ ਲੱਗ ਕੇ, ਪਾਪ ਕਰਮ (ਕਮਾਣੇ) ਕਮਾਏ	Reeree Lalee Paap Kamaanae Parr Avagan Gun Veesariaa ||1||	Reeree, Laalee: People commit sins, and falling into vice, forget virtue. ||1||	ਪਰ ਜੀਵ (ਮੌਤ ਨੂੰ ਭੁਲਾ ਕੇ) ਔਗੁਣ ਪੈਦਾ ਕਰਨ ਵਾਲੀਆਂ ਗੱਲਾਂ ਪੜ੍ਹ ਕੇ ਗੁਣ ਵਿਸਾਰ ਦੇਂਦੇ ਹਨ, ਤੇ ਪਾਪ ਕਮਾਂਦੇ ਰਹਿੰਦੇ ਹਨ ॥੧॥
19925	434	ਮਨ ਐਸਾ ਲੇਖਾ ਤੂੰ ਕੀ ਪੜਿਆ॥		Man Aisaa Laekhaa Thoon Kee Parriaa ||	O mortal, why have you studied such an account,	ਹੇ ਮਨ! (ਸਿਰਫ਼) ਅਜੇਹਾ ਲੇਖਾ ਪੜ੍ਹਨ ਦਾ ਤੈਨੂੰ ਕੋਈ ਲਾਭ ਨਹੀਂ ਹੋ ਸਕਦਾ,

19926	434	ਲੇਖਾ ਦੇਣਾ ਤੇਰੈ ਸਿਰਿ ਰਹਿਆ॥੧॥ਰਹਾਉ ॥		Laekhaa Dhaenaa Thaerai Sir Rehiaa ||1|| Rehaao ||	Which shall call you to answer for payment? ||1||Pause||	ਜਿਸ ਵਿਚ ਰੁੱਝਣ ਨਾਲ ਕੀਤੇ ਅਮਲਾਂ ਦਾ ਹਿਸਾਬ ਦੇਣਾ ਤੇਰੇ ਸਿਰ ਉਤੇ ਟਿਕਿਆ ਹੀ ਰਿਹਾ ॥੧॥ ਰਹਾਉ ॥
19927	434	ਸਿਧੰਞਾਇਐ ਸਿਮਰਹਿ ਨਾਹੀ ਨੰਨੈ ਨਾ ਤੁਧੁ ਨਾਮੁ ਲਇਆ॥	(ਸਿਧੰਞਾਇਐ) ਸਰਬਵਿਆਪੀ ਹਰਿ ਜੀ	Sidhhann(g)aaeiai Simarehi Naahee Nannai Naa Thudhh Naam Laeiaa ||	Sidhan, Ngaayiyai: You do not remember the Lord. Nanna: You do not take the Lord's Name.	(ਹੇ ਮਨ!) ਤੂੰ ਪਰਮਾਤਮਾ ਦਾ ਨਾਮ ਨਹੀਂ ਸਿਮਰਦਾ ਤੇ ਤੂੰ ਪਰਮਾਤਮਾ ਨੂੰ ਚੇਤੇ ਨਹੀਂ ਕਰਦਾ।
19928	434	ਛਛੈ ਛੀਜਹਿ ਅਹਿ ਨਿਸਿ ਮੂੜੇ ਕਿਉ ਛੂਟਹਿ ਜਮਿ ਪਾਕੜਿਆ॥੨॥	(ਛੀਜਹਿ) ਨਾਸ ਹੁੰਦੀ। ਛੱਛੈ	Shhashhai Shheejehi Ahinis Moorrae Kio Shhoottehi Jam Paakarriaa ||2||	Chhachha: You are wearing away, every night and day; you fool, how will you find release? You are held in the grip of death. ||2||	ਹੇ ਮੂਰਖ! (ਪ੍ਰਭੂ ਨੂੰ ਭੁਲਾ ਕੇ) ਦਿਨ ਰਾਤ ਤੂੰ (ਆਤਮਕ ਜੀਵਨ ਵਿਚ) ਕਮਜ਼ੋਰ ਹੋ ਰਿਹਾ ਹੈਂ, ਜਦੋਂ ਜਮ ਨੇ (ਇਸ ਖੁਨਾਮੀ ਦੇ ਕਾਰਨ) ਫੜ ਲਿਆ, ਤਾਂ ਉਸ ਤੋਂ ਖ਼ਲਾਸੀ ਕਿਵੇਂ ਹੋਵੇਗੀ? ॥੨॥
19929	434	ਬਬੈ ਬੂਝਹਿ ਨਾਹੀ ਮੂੜੇ ਭਰਮਿ ਭੁਲੇ ਤੇਰਾ ਜਨਮੁ ਗਇਆ॥	ਬੱਬੈ, ਬੁੱਝਹਿ, ਭੁੱਲੇ ਗ-ਇਆ	Babai Boojhehi Naahee Moorrae Bharam Bhulae Thaeraa Janam Gaeiaa ||	Babba: You do not understand, you fool; deluded by doubt, you are wasting your life.	ਤੂੰ (ਜੀਵਨ ਦਾ ਸਹੀ ਰਸਤਾ) ਨਹੀਂ ਸਮਝਦਾ, ਇਸੇ ਭੁਲੇਖੇ ਵਿਚ ਕੁਰਾਹੇ ਪੈ ਕੇ ਤੂੰ ਆਪਣਾ ਮਨੁੱਖਾ ਜੀਵਨ ਵਿਅਰਥ ਗਵਾ ਰਿਹਾ ਹੈਂ।

19930	434	ਅਣਹੋਦਾ ਨਾਉ ਧਰਾਇਓ ਪਾਧਾ ਅਵਰਾ ਕਾ ਭਾਰੁ ਤੁਧੁ ਲਇਆ॥੩॥	ਅਣ-ਹੋਦਾ। ਲ-ਇਆ	Anehodhaa Naao Dhharaaeiou Paadhhaa Avaraa Kaa Bhaar Thudhh Laeiaa ||3||	Without justification, you call yourself a teacher; thus you take on the loads of others. ||3||	(ਆਤਮਕ ਜੀਵਨ ਦਾ ਰਸਤਾ ਦੱਸਣ ਵਾਲੇ ਪਾਂਧੇ ਦੇ) ਗੁਣ ਤੇਰੇ ਵਿਚ ਨਹੀਂ ਹਨ, (ਫਿਰ ਭੀ) ਤੂੰ ਆਪਣਾ ਨਾਮ ਪਾਂਧਾ ਰਖਾਇਆ ਹੋਇਆ ਹੈ ਤੇ ਤੂੰ ਆਪਣੇ ਚਾਟੜਿਆਂ ਨੂੰ ਜੀਵਨ-ਰਾਹ ਸਿਖਾਣ ਦੀ ਜ਼ਿੰਮੇਵਾਰੀ ਦਾ ਭਾਰ ਆਪਣੇ ਉਤੇ ਚੁੱਕਿਆ ਹੋਇਆ ਹੈ ॥੩॥
19931	434	ਜਜੈ ਜੋਤਿ ਹਿਰਿ ਲਈ ਤੇਰੀ ਮੂੜੇ ਅੰਤਿ ਗਇਆ ਪਛੁਤਾਵਹਿਗਾ॥	(ਹਿਰਿ) ਚੁਰਾ। ਜੱਜੈ ਮੂੜ੍ਹੇ ਗਇਆ	Jajai Joth Hir Lee Thaeree Moorrae Anth Gaeiaa Pashhuthaavehigaa ||	Jajja: You have been robbed of your Light, you fool; in the end, you shall have to depart, and you shall regret and repent.	ਹੇ ਮੂਰਖ! (ਨਿਰੇ ਮਾਇਕ ਲੇਖੇ ਪਤ੍ਰੇ ਨੇ ਆਤਮਕ ਜੀਵਨ ਸਿਖਲਾਣ ਵਾਲੀ) ਤੇਰੀ ਅਕਲ ਖੋਹ ਲਈ ਹੈ, ਅਖ਼ੀਰ ਵੇਲੇ ਜਦੋਂ ਇਥੋਂ ਤੁਰਨ ਲਗੋਂ, ਤਾਂ ਅਫ਼ਸੋਸ ਕਰੇਂਗਾ।
19932	434	ਏਕੁ ਸਬਦੁ ਤੂੰ ਚੀਨਹਿ ਨਾਹੀ ਫਿਰਿ ਫਿਰਿ ਜੂਨੀ ਆਵਹਿਗਾ॥੪॥	(ਚੀਨਹਿ) ਪਛਾਣੇ	Eaek Sabadh Thoon Cheenehi Naahee Fir Fir Joonee Aavehigaa ||4||	You have not remembered the One Word of the Shabad, and so you shall have to enter the womb over and over again. ||4||	(ਹੁਣ ਇਸ ਵੇਲੇ) ਤੂੰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਨਾਲ ਸਾਂਝ ਨਹੀਂ ਪਾਂਦਾ, (ਸਿੱਟਾ ਇਹ ਨਿਕਲੇਗਾ ਕਿ) ਮੁੜ ਮੁੜ ਜੂਨਾਂ ਵਿਚ ਪਿਆ ਰਹੇਂਗਾ ॥੪॥

19933	434	ਤੁਧੁ ਸਿਰਿ ਲਿਖਿਆ ਸੋ ਪੜੁ ਪੰਡਿਤ ਅਵਰਾ ਨੋ ਨ ਸਿਖਾਲਿ ਬਿਖਿਆ॥		Thudhh Sir Likhiaa So Parr Panddith Avaraa No N Sikhaal Bikhiaa ||	Read that which is written on your forehead, O Pandit, and do not teach wickedness to others.	ਹੇ ਪੰਡਿਤ! ਤੇਰੇ ਆਪਣੇ ਮੱਥੇ ਉਤੇ ਜੋ (ਮਾਇਆ ਵਾਲਾ) ਲੇਖ ਲਿਖਿਆ ਹੋਇਆ ਹੈ, ਪਹਿਲਾਂ ਤੂੰ ਉਸ ਲੇਖ ਨੂੰ ਪੜ੍ਹ ਤੇ ਹੋਰਨਾਂ (ਚਾਟੜਿਆਂ) ਨੂੰ ਭੀ ਨਿਰੀ ਮਾਇਆ ਦਾ ਲੇਖਾ-ਪੜ੍ਹਾ ਨਾਹ ਸਿਖਾਲ।
19934	435	ਪਹਿਲਾ ਫਾਹਾ ਪਇਆ ਪਾਧੇ ਪਿਛੋ ਦੇ ਗਲਿ ਚਾਟੜਿਆ॥੫॥	੫-ਇਆ	Pehilaa Faahaa Paeiaa Paadhhae Pishho Dhae Gal Chaattarriaa ||5||	First, the teacher is tied down, and then, the noose is placed around the pupil's neck. ||5||	(ਨਿਰੀ ਮਾਇਆ ਦਾ ਲੇਖਾ ਪੜ੍ਹਾਨ ਵਾਲੇ) ਪਾਂਧੇ ਨੇ ਪਹਿਲਾਂ ਆਪਣੇ ਗਲ ਵਿਚ (ਮਾਇਆ ਦੀ) ਫਾਹੀ ਪਾਈ ਹੋਈ ਹੈ, ਫਿਰ ਉਹੀ ਫਾਹੀ ਆਪਣੇ ਵਿਦਿਆਰਥੀਆਂ ਦੇ ਗਲ ਵਿਚ ਪਾ ਦੇਂਦਾ ਹੈ ॥੫॥
19935	435	ਸਸੈ ਸੰਜਮੁ ਗਇਓ ਮੂੜੇ ਏਕੁ ਦਾਨੁ ਤੁਧੁ ਕੁਥਾਇ ਲਇਆ॥	(ਕੁਥਾਇ) ਖੋਟੇ ਥਾਂ। ਸੱਸੈ	Sasai Sanjam Gaeiou Moorrae Eaek Dhaan Thudhh Kuthhaae Laeiaa ||	Sassa: You have lost your self-discipline, you fool, and you have accepted an offering under false pretenses.	ਹੇ ਮੂਰਖ (ਪੰਡਤ)! (ਨਿਰੀ ਮਾਇਆ ਦੀ ਖ਼ਾਤਰ ਪੜ੍ਹਣ ਪੜ੍ਹਾਨ ਦੇ ਕਾਰਨ ਲਾਲਚ-ਵੱਸ ਹੋ ਕੇ) ਤੂੰ ਜੀਵਨ-ਜੁਗਤਿ ਭੀ ਗਵਾ ਬੈਠਾ ਹੈਂ ਤੇ (ਪਰੋਹਤ ਹੋਣ ਕਰਕੇ) ਤੂੰ ਆਪਣੇ ਜਜਮਾਨ ਪਾਸੋਂ ਹਰ ਦਿਨ-ਦਿਹਾਰ ਤੇ ਦਾਨ ਲੈਂਦਾ ਹੈਂ, (ਪਰ) ਇਕ ਦਾਨ ਤੂੰ ਆਪਣੇ ਜਜਮਾਨ ਤੋਂ ਗ਼ਲਤ ਥਾਂ ਲੈਂਦਾ ਹੈਂ।

19936	435	ਸਾਈ ਪੁੜ੍ਹੀ ਜਜਮਾਨ ਕੀ ਸਾ ਤੇਰੀ ਏਤੁ ਧਾਨਿ ਖਾਧੈ ਤੇਰਾ ਜਨਮੁ ਗਇਆ॥੬॥	(ਜਜਮਾਨ) ਜੱਗ ਕਰਾਉਣ ਵਾਲਾ। (ਧਾਨਿ) ਅੰਨ। ਪੁੱਤ੍ਰੀ ਗ-ਇਆ	Saaee Puthree Jajamaan Kee Saa Thaeree Eaeth Dhhaan Khaadhhai Thaeraa Janam Gaeiaa ||6||	The daughter of the alms-giver is just like your own; by accepting this payment for performing the wedding ceremony, you have cursed your own life. ||6||	ਜਜਮਾਨ ਦੀ ਧੀ ਤੇਰੀ ਹੀ ਧੀ ਹੈ (ਭਾਵ, ਧੀ ਦੇ ਵਿਆਹ ਤੇ ਜਜਮਾਨ ਪਾਸੋਂ ਦਾਨ ਲੈਣਾ ਧੀ ਦਾ ਪੈਸਾ ਖਾਣਾ ਹੈ) ਇਹ ਅੰਨ ਖਾਣ ਨਾਲ (ਇਹ ਪੈਸਾ ਖਾਣ ਨਾਲ) ਤੂੰ ਆਪਣਾ ਆਤਮਕ ਜੀਵਨ ਗਵਾ ਲੈਂਦਾ ਹੈਂ ॥੬॥
19937	435	ਮੰਮੈ ਮਤਿ ਹਿਰਿ ਲਈ ਤੇਰੀ ਮੂੜੇ ਹਉਮੈ ਵਡਾ ਰੋਗੁ ਪਇਆ॥	(ਹਿਰਿ) ਚੁਰਾ ਲਈ	Manmai Math Hir Lee Thaeree Moorrae Houmai Vaddaa Rog Paeiaa ||	Mamma: You have been cheated out your intellect, you fool, and you are afflicted with the great disease of ego.	ਹੇ ਮੂਰਖ! (ਇਕ ਪਾਸੇ ਮਾਇਆ ਦੇ ਲਾਲਚ ਨੇ) ਤੇਰੀ ਅਕਲ ਮਾਰੀ ਹੋਈ ਹੈ (ਤੈਨੂੰ 'ਕੁਥਾਇ ਦਾਨ' ਲੈਣ ਤੋਂ ਭੀ ਸੰਕੋਚ ਨਹੀਂ ਹੈ। ਦੂਜੇ ਪਾਸੇ) ਤੈਨੂੰ ਇਹ ਵੱਡਾ (ਆਤਮਕ) ਰੋਗ ਚੰਬੜਿਆ ਹੋਇਆ ਹੈ ਕਿ ਮੈਂ (ਵਿਦਵਾਨ) ਹਾਂ, ਮੈਂ (ਵਿਦਵਾਨ) ਹਾਂ।
19938	435	ਅੰਤਰ ਆਤਮੈ ਬ੍ਰਹਮੁ ਨ ਚੀਨ੍ਹਿਆ ਮਾਇਆ ਕਾ ਮੁਹਤਾਜੁ ਭਇਆ॥੭॥	(ਚੀਨ੍ਹਿਆ) ਜਾਣਿਆ। (ਮੁਹਤਾਜੁ) ਅਧੀਨ	Anthar Aathamai Breham N Cheenihaaa Maaeiaa Kaa Muhathaaj Bhaeiaa ||7||	Within your innermost self, you do not recognize God, and you compromise yourself for the sake of Maya. ||7||	ਤੂੰ ਆਪਣੇ ਅੰਦਰ (ਵੱਸਦੇ) ਪਰਮਾਤਮਾ ਨੂੰ ਪਛਾਣ ਨਹੀਂ ਸਕਿਆ, (ਇਸੇ ਵਾਸਤੇ ਤੇਰਾ ਆਪਾ) ਮਾਇਆ (ਦੇ ਲਾਲਚ) ਦੇ ਅਧੀਨ ਹੈ ॥੭॥

19939	435	ਕਕੈ ਕਾਮਿ ਕ੍ਰੋਧਿ ਭਰਮਿਓਹੁ ਮੂੜੇ ਮਮਤਾ ਲਾਗੇ ਤੁਧੁ ਹਰਿ ਵਿਸਰਿਆ॥	ਕੱਕੈ	Kakai Kaam Krodhh Bharamiouhu Moorrae Mamathaa Laagae Thudhh Har Visariaa ||	Kakka: You wander around in sexual desire and anger, you fool; attached to possessiveness, you have forgotten the Lord.	ਹੇ ਮੂਰਖ! (ਹੋਰਨਾਂ ਨੂੰ ਮੱਤਾਂ ਦੇਂਦਾ) ਤੂੰ ਆਪ ਕਾਮ ਵਾਸਨਾ ਵਿਚ ਕ੍ਰੋਧ ਵਿਚ (ਫਸ ਕੇ) ਕੁਰਾਹੇ ਪਿਆ ਹੋਇਆ ਹੈਂ।
19940	435	ਪੜਹਿ ਗੁਣਹਿ ਤੂੰ ਬਹੁਤੁ ਪੁਕਾਰਹਿ ਵਿਣੁ ਬੂਝੇ ਤੂੰ ਡੂਬਿ ਮੁਆ॥੮॥		Parrehi Gunehi Thoon Bahuth Pukaarehi Vin Boojhae Thoon Ddoob Muaa ||8||	You read, and reflect, and proclaim out loud, but without understanding, you are drowned to death. ||8||	ਤੂੰ (ਧਰਮ ਪੁਸਤਕ) ਪੜ੍ਹਦਾ ਹੈਂ, ਅਰਥ ਵਿਚਾਰਦਾ ਹੈਂ, ਤੇ ਹੋਰਨਾਂ ਨੂੰ ਸੁਣਾਂਦਾ ਭੀ ਹੈਂ, ਪਰ (ਸਹੀ ਜੀਵਨ-ਰਾਹ) ਸਮਝਣ ਤੋਂ ਬਿਨਾ ਤੂੰ (ਲਾਲਚ ਦੇ ਹੜ੍ਹ ਵਿਚ) ਡੁੱਬ ਕੇ ਆਤਮਕ ਮੌਤੇ ਮਰ ਚੁਕਾ ਹੈਂ ॥੮॥
19941	435	ਤਤੈ ਤਾਮਸਿ ਜਲਿਓਹੁ ਮੂੜੇ ਥਥੈ ਥਾਨ ਭਰਿਸਟੁ ਹੋਆ॥	ਤੱਤੈ, ਥੱਥੈ	Thathai Thaamas Jaliouhu Moorrae Thhathhai Thhaan Bharisatt Hoaa ||	Tatta: In anger, you are burnt, you fool. T'hat'ha: That place where you live, is cursed.	ਹੇ ਮੂਰਖ (ਪੰਡਿਤ!) ਤੂੰ (ਅੰਦਰੋਂ) ਕ੍ਰੋਧ ਨਾਲ ਸੜਿਆ ਹੋਇਆ ਹੈਂ, ਤੇਰਾ ਹਿਰਦਾ-ਥਾਂ (ਲਾਲਚ ਨਾਲ) ਗੰਦਾ ਹੋਇਆ ਪਿਆ ਹੈ।
19942	435	ਘਘੈ ਘਰਿ ਘਰਿ ਫਿਰਹਿ ਤੂੰ ਮੂੜੇ ਦਦੈ ਦਾਨੁ ਨ ਤੁਧੁ ਲਇਆ॥੯॥	ਘੱਘੈ, ਦੱਦੈ	Ghaghai Ghar Ghar Firehi Thoon Moorrae Dhadhai Dhaan N Thudhh Laeiaa ||9||	Ghagha: You go begging from door to door, you fool. Dadda: But still, you do not receive the gift. ||9||	ਹੇ ਮੂਰਖ! ਤੂੰ ਹਰੇਕ (ਜਜਮਾਨ ਦੇ) ਘਰ ਵਿਚ (ਮਾਇਕ ਦੱਛਣਾ ਵਾਸਤੇ ਤਾਂ) ਤੁਰਿਆ ਫਿਰਦਾ ਹੈਂ, ਪਰ ਪ੍ਰਭੂ ਦੇ ਨਾਮ ਦੀ ਦੱਛਣਾ ਤੂੰ ਅਜੇ ਤਕ ਕਿਸੇ ਪਾਸੋਂ ਨਹੀਂ ਲਈ ॥੯॥

19943	435	ਪਪੈ ਪਾਰਿ ਨ ਪਵਹੀ ਮੂੜੇ ਪਰਪੰਚਿ ਤੂੰ ਪਲਚਿ ਰਹਿਆ॥	(ਪਰਪੰਚਿ) ਸੰਸਾਰ ਚ (ਪਲਚਿ) ਫਸ	Papai Paar N Pavehee Moorrae Parapanch Thoon Palach Rehiaa ||	Pappa: You shall not be able to swim across, you fool, since you are engrossed in worldly affairs.	ਹੇ ਮੂਰਖ! ਤੂੰ ਸੰਸਾਰ (ਦੇ ਮੋਹ-ਜਾਲ) ਵਿਚ (ਇਤਨਾ) ਉਲਝ ਰਿਹਾ ਹੈਂ ਕਿ ਇਸ ਵਿਚੋਂ ਪਾਰਲੇ ਪਾਸੇ ਨਹੀਂ ਲੰਘ ਸਕਦਾ।
19944	435	ਸਚੈ ਆਪਿ ਖੁਆਇਓਹੁ ਮੂੜੇ ਇਹੁ ਸਿਰਿ ਤੇਰੈ ਲੇਖੁ ਪਇਆ॥੧੦॥	(ਸਚੈ) ਵਾਹਿਗੁਰੂ ਜੀ ਨੂੰ ਤੂੰ (ਆਪਿ) ਹੰਕਾਰ ਕਰਕੇ (ਖੁਆਇ-ਓਹੁ) ਖੁੰਝਾਇਆ	Sachai Aap Khuaaeiouhu Moorrae Eihu Sir Thaerai Laekh Paeiaa ||10||	The True Lord Himself has ruined you, you fool; this is the destiny written on your forehead. ||10||	ਹੇ ਮੂਰਖ! (ਤੇਰੇ ਆਪਣੇ ਕੀਤੇ ਕਰਮਾਂ ਅਨੁਸਾਰ) ਕਰਤਾਰ ਨੇ ਤੈਨੂੰ (ਉਸੇ) ਕੁਰਾਹੇ ਪਾ ਦਿੱਤਾ ਹੈ (ਜਿਧਰ ਤੇਰੀ ਰੁਚੀ ਬਣੀ ਹੋਈ ਹੈ, ਤੇ) ਉਹਨਾਂ ਕੀਤੇ ਕਰਮਾਂ ਦੇ ਸੰਸਕਾਰਾਂ ਦੇ ਇਕੱਠ ਦਾ ਲੇਖ ਤੇਰੇ ਮੱਥੇ ਉਤੇ (ਇਤਨਾ) ਉਕਰਿਆ ਪਿਆ ਹੈ (ਕਿ ਤੈਨੂੰ ਸਹੀ ਰਸਤੇ ਦੀ ਸੂਝ ਨਹੀਂ ਪੈਂਦੀ, ਪਰ ਤੂੰ ਹੋਰਨਾਂ ਨੂੰ ਮੱਤਾਂ ਦੇਂਦਾ ਫਿਰਦਾ ਹੈਂ) ॥੧੦॥
19945	435	ਭਭੈ ਭਵਜਲਿ ਡੁਬੋਹੁ ਮੂੜੇ ਮਾਇਆ ਵਿਚਿ ਗਲਤਾਨੁ ਭਇਆ॥	(ਗਲਤਾਨੁ) ਖੱਚਤ। ਭੱਭੈ	Bhabhai Bhavajal Ddubohu Moorrae Maaeiaa Vich Galathaan Bhaeiaa ||	Bhabha: You have drowned in the terrifying world-ocean, you fool, and you have become engrossed in Maya.	ਹੇ ਮੂਰਖ! ਤੂੰ ਮਾਇਆ (ਦੇ ਮੋਹ) ਵਿਚ ਇਤਨਾ ਮਸਤ ਹੈਂ ਕਿ ਤੈਨੂੰ ਹੋਰ ਕੁਝ ਸੁੱਝਦਾ ਹੀ ਨਹੀਂ, ਤੂੰ ਸੰਸਾਰ-ਸਮੁੰਦਰ (ਦੀਆਂ ਮੋਹ ਦੀਆਂ ਲਹਰਾਂ) ਵਿਚ ਗੋਤੇ ਖਾ ਰਿਹਾ ਹੈਂ (ਆਪਣੇ ਬਚਾਉ ਵਾਸਤੇ ਤੂੰ ਕੋਈ ਉੱਦਮ ਨਹੀਂ ਕਰਦਾ)।

19946	435	ਗੁਰ ਪਰਸਾਦੀ ਏਕੋ ਜਾਣੈ ਏਕ ਘੜੀ ਮਹਿ ਪਾਰਿ ਪਇਆ॥੧੧॥		Gur Parasaadhee Eaeko Jaanai Eaek Gharree Mehi Paar Paeiaa ||11||	One who comes to know the One Lord, by Guru's Grace, is carried across in an instant. ||11||	(ਗੁਰੂ ਦੀ ਸਰਨ ਪੈ ਕੇ) ਗੁਰੂ ਦੀ ਕਿਰਪਾ ਨਾਲ ਜੇਹੜਾ ਮਨੁੱਖ ਪਰਮਾਤਮਾ ਨਾਲ ਸਾਂਝ ਪਾਂਦਾ ਹੈ, ਉਹ ਇਸ ਸੰਸਾਰ-ਸਮੁੰਦਰ ਤੋਂ ਇਕ ਪਲ ਵਿਚ ਪਾਰ ਲੰਘ ਜਾਂਦਾ ਹੈ ॥੧੧॥
19947	435	ਵਵੈ ਵਾਰੀ ਆਈਆ ਮੂੜੇ ਵਾਸੁਦੇਉ ਤੁਧੁ ਵੀਸਰਿਆ॥	(ਵਾਸੁਦੇਉ) ਵਾਹਿਗੁਰੂ ਜੀ। ਵ-ਵੈ	Vavai Vaaree Aaeeaa Moorrae Vaasudhaeo Thudhh Veesariaa ||	Wawa: Your turn has come, you fool, but you have forgotten the Lord of Light.	ਹੇ ਮੂਰਖ (ਭਾਗਾਂ ਨਾਲ) ਮਨੁੱਖਾਂ ਜਨਮ (ਮਿਲਣ) ਦੀ ਵਾਰੀ ਆਈ ਸੀ, ਪਰ (ਇਸ ਅਮੋਲਕ ਜਨਮ ਵਿਚ ਭੀ) ਤੈਨੂੰ ਪਰਮਾਤਮਾ ਭੁੱਲਿਆ ਹੀ ਰਿਹਾ।
19948	435	ਏਹ ਵੇਲਾ ਨ ਲਹਸਹਿ ਮੂੜੇ ਫਿਰਿ ਤੂੰ ਜਮ ਕੈ ਵਸਿ ਪਇਆ॥੧੨॥	(ਲਹਸਹਿ) ਲੱਭੇਗਾ	Eaeh Vaelaa N Lehasehi Moorrae Fir Thoon Jam Kai Vas Paeiaa ||12||	This opportunity shall not come again, you fool; you shall fall under the power of the Messenger of Death. ||12||	ਹੇ ਮੂਰਖ! (ਜੇ ਖੁੰਝਿਆ ਹੀ ਰਿਹੋਂ ਤਾਂ) ਇਹ ਸਮਾਂ ਮੁੜ ਨਹੀਂ ਲੱਭ ਸਕੇਂਗਾ (ਤੇ ਮਾਇਆ ਦੇ ਮੋਹ ਵਿਚ ਫਸਿਆ ਰਹਿ ਕੇ) ਤੂੰ ਜਮ ਦੇ ਵੱਸ ਪੈ ਜਾਹਿਂਗਾ (ਜਨਮ ਮਰਨ ਦੇ ਗੇੜ ਵਿਚ ਜਾ ਪਏਂਗਾ) ॥੧੨॥
19949	435	ਝਝੈ ਕਦੇ ਨ ਝੂਰਹਿ ਮੂੜੇ ਸਤਿਗੁਰ ਕਾ ਉਪਦੇਸੁ ਸੁਣਿ ਤੂੰ ਵਿਖਾ॥	ਤੂੰ ਸੁਣ ਕੇ (ਵਿਖਾ) ਵੇਖ। ਵਿਖਾ:ਪੋਲਾ ਬੋਲੋ।	Jhajhai Kadhae N Jhoorehi Moorrae Sathigur Kaa Oupadhaes Sun Thoon Vikhaa ||	Jhajha: You shall never have to regret and repent, you fool, if you listen to the Teachings of the True Guru, for even an instant.	ਹੇ ਮੂਰਖ! ਤੂੰ ਪੂਰੇ ਗੁਰੂ ਦਾ ਉਪਦੇਸ਼ ਧਾਰਨ ਕਰ ਕੇ ਵੇਖ ਲੈ, (ਮਾਇਆ ਆਦਿਕ ਦੀ ਖ਼ਾਤਰ) ਤੈਨੂੰ ਕਦੇ ਹਾਹੁਕੇ ਨਹੀਂ ਲੈਣੇ ਪੈਣਗੇ (ਕਿਉਂਕਿ ਮਾਇਆ-ਮੋਹ ਦਾ ਜਾਲ ਹੀ ਟੁੱਟ ਜਾਇਗਾ),

19950	435	ਸਤਿਗੁਰ ਬਾਝਹੁ ਗੁਰੁ ਨਹੀ ਕੋਈ ਨਿਗੁਰੇ ਕਾ ਹੈ ਨਾਉ ਬੁਰਾ॥੧੩॥		Sathigur Baajhahu Gur Nehee Koee Nigurae Kaa Hai Naao Buraa ||13||	Without the True Guru, there is no Guru at all; one who is without a Guru has a bad reputation. ||13||	ਪਰ ਜੇ ਪੂਰੇ ਗੁਰੂ ਦੀ ਸਰਨ ਨਹੀਂ ਪਏਂਗਾ ਤਾਂ ਕੋਈ (ਰਸਮੀ) ਗੁਰੂ (ਇਹਨਾਂ ਹਾਹੁਕਿਆਂ ਤੋਂ ਬਚਾ) ਨਹੀਂ (ਸਕਦਾ)। ਜੇਹੜਾ ਮਨੁੱਖ ਪੂਰੇ ਗੁਰੂ ਦੇ ਦੱਸੇ ਰਸਤੇ ਉਤੇ ਨਹੀਂ ਤੁਰਦਾ, (ਕੁਰਾਹੇ ਪੈਣ ਕਰ ਕੇ) ਉਹ ਬਦਨਾਮੀ ਹੀ ਖੱਟਦਾ ਹੈ ॥੧੩॥
19951	435	ਧਧੈ ਧਾਵਤ ਵਰਜਿ ਰਖੁ ਮੂੜੇ ਅੰਤਰਿ ਤੇਰੈ ਨਿਧਾਨੁ ਪਇਆ॥	(ਧਾਵਤ) ਭਟਕਦਾ। (ਵਰਜਿ) ਰੋਕ। ਧੱਧੈ	Dhhadhhai Dhhaavath Varaj Rakh Moorrae Anthar Thaerai Nidhhaan Paeiaa ||	Dhadha: Restrain your wandering mind, you fool; deep within you the treasure is to be found.	ਹੇ ਮੂਰਖ! ਆਤਮਕ ਸੁਖ ਦਾ ਖ਼ਜ਼ਾਨਾ ਪਰਮਾਤਮਾ ਤੇਰੇ ਅੰਦਰ ਵੱਸ ਰਿਹਾ ਹੈ (ਪਰ ਤੂੰ ਸੁਖ ਲੱਭਣ ਵਾਸਤੇ ਬਾਹਰ ਭਟਕਦਾ ਫਿਰਦਾ ਹੈਂ) ਬਾਹਰ ਭਟਕਦੇ ਮਨ ਨੂੰ ਰੋਕ ਕੇ ਰੱਖ!
19952	435	ਗੁਰਮੁਖਿ ਹੋਵਹਿ ਤਾ ਹਰਿ ਰਸੁ ਪੀਵਹਿ ਜੁਗਾ ਜੁਗੰਤਰਿ ਖਾਹਿ ਪਇਆ॥੧੪॥	ਜੁੱਗਾਂ ਜੁੱਗੰਤਰਿ	Guramukh Hovehi Thaa Har Ras Peevehi Jugaa Juganthar Khaahi Paeiaa ||14||	When one becomes Gurmukh, then he drinks in the sublime essence of the Lord; throughout the ages, he continues to drink it in. ||14||	ਜੇ ਤੂੰ ਗੁਰੂ ਦੇ ਦੱਸੇ ਰਸਤੇ ਉਤੇ ਤੁਰੇਂ ਤਾਂ (ਅੰਦਰ ਵੱਸਦੇ) ਪਰਮਾਤਮਾ ਦੇ ਨਾਮ ਦਾ ਰਸ ਪੀਵੇਂਗਾ, ਸਦਾ ਲਈ ਇਹ ਨਾਮ-ਰਸ ਵਰਤਦਾ ਰਹੇਂਗਾ (ਕਦੇ ਮੁੱਕੇਗਾ ਨਹੀਂ) ॥੧੪॥
19953	435	ਗਗੈ ਗੋਬਿੰਦੁ ਚਿਤਿ ਕਰਿ ਮੂੜੇ ਗਲੀ ਕਿਨੈ ਨ ਪਾਇਆ॥	ਗੱਗੈ। ਗੱਲੀਂ	Gagai Gobidh Chith Kar Moorrae Galee Kinai N Paaeiaa ||	Gagga: Keep the Lord of the Universe in your mind, you fool; by mere words, no one has ever attained Him.	ਹੇ ਮੂਰਖ! ਪਰਮਾਤਮਾ (ਦੇ ਨਾਮ) ਨੂੰ ਆਪਣੇ ਚਿੱਤ ਵਿਚ ਵਸਾ ਲੈ (ਤਦੋਂ ਹੀ ਉਸ ਨਾਲ ਮਿਲਾਪ ਹੋਵੇਗਾ), ਨਿਰੀਆਂ ਗੱਲਾਂ ਨਾਲ ਕਿਸੇ ਨੂੰ ਪ੍ਰਭੂ ਨਹੀਂ ਮਿਲਿਆ।

19954	435	ਗੁਰ ਕੇ ਚਰਨ ਹਿਰਦੈ ਵਸਾਇ ਮੂੜੇ ਪਿਛਲੇ ਗੁਨਹ ਸਭ ਬਖਸਿ ਲਇਆ॥੧੫॥		Gur Kae Charan Hiradhai Vasaae Moorrae Pishhalae Guneh Sabh Bakhas Laeiaa ||15||	Enshrine the Guru's feet within your heart, you fool, and all your past sins shall be forgiven. ||15||	ਹੇ ਮੂਰਖ! ਗੁਰੂ ਦੇ ਚਰਨ ਹਿਰਦੇ ਵਿਚ ਟਿਕਾਈ ਰੱਖ, ਪਿਛਲੇ ਕੀਤੇ ਹੋਏ ਸਾਰੇ ਪਾਪ ਬਖ਼ਸ਼ੇ ਜਾਣਗੇ ॥੧੫॥
19955	435	ਹਾਹੈ ਹਰਿ ਕਥਾ ਬੂਝੁ ਤੂੰ ਮੂੜੇ ਤਾ ਸਦਾ ਸੁਖੁ ਹੋਈ॥		Haahai Har Kathhaa Boojh Thoon Moorrae Thaa Sadhaa Sukh Hoee ||	Haha: Understand the Lord's Sermon, you fool; only then shall you attain eternal peace.	ਹੇ ਮੂਰਖ! ਜੇ ਤੂੰ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਸਿੱਖ ਲਏਂ ਤਾਂ ਤੈਨੂੰ ਸਦਾ ਆਤਮਕ ਅਨੰਦ ਮਿਲਿਆ ਰਹੇ।
19956	435	ਮਨਮੁਖਿ ਪੜਹਿ ਤੇਤਾ ਦੁਖੁ ਲਾਗੈ ਵਿਣੁ ਸਤਿਗੁਰ ਮੁਕਤਿ ਨ ਹੋਈ॥੧੬॥	ਪੜ੍ਹਹਿ	Manamukh Parrehi Thaethaa Dhukh Laagai Vin Sathigur Mukath N Hoee ||16||	The more the self-willed manmukhs read, the more pain they suffer. Without the True Guru, liberation is not obtained. ||16||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਜਿਤਨਾ ਹੀ (ਪ੍ਰਭੂ ਦੀ ਸਿਫ਼ਤ-ਸਾਲਾਹ ਤੋਂ ਖੁੰਝ ਕੇ ਮਾਇਆ ਸੰਬੰਧੀ ਹੋਰ ਹੋਰ ਲੇਖੇ) ਪੜ੍ਹਦੇ ਹਨ, ਉਤਨੀ ਹੀ ਵਧੀਕ ਅਸ਼ਾਂਤੀ ਖੱਟਦੇ ਹਨ, ਤੇ ਗੁਰੂ ਦੀ ਸਰਨ ਤੋਂ ਬਿਨਾ (ਇਸ ਅਸ਼ਾਂਤੀ ਤੋਂ) ਖ਼ਲਾਸੀ ਨਹੀਂ ਹੁੰਦੀ ॥੧੬॥
19957	435	ਰਾਰੈ ਰਾਮੁ ਚਿਤਿ ਕਰਿ ਮੂੜੇ ਹਿਰਦੈ ਜਿਨ੍ ਕੈ ਰਵਿ ਰਹਿਆ॥		Raarai Raam Chith Kar Moorrae Hiradhai Jinh Kai Rav Rehiaa ||	Rarra: Center your consciousness on the Lord, you fool; abide with those whose hearts are filled with the Lord.	ਹੇ ਮੂਰਖ! ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖ! ਜਿਨ੍ਹਾਂ ਬੰਦਿਆਂ ਦੇ ਹਿਰਦੇ ਵਿਚ ਪਰਮਾਤਮਾ ਸਦਾ ਵੱਸਦਾ ਰਹਿੰਦਾ ਹੈ,

19958	435	ਗੁਰ ਪਰਸਾਦੀ ਜਿਨੀ ਰਾਮੁ ਪਛਾਤਾ ਨਿਰਗੁਣ ਰਾਮੁ ਤਿਨੀ ਬੂਝਿ ਲਹਿਆ॥੧੭॥		Gur Parasaadhee Jinhee Raam Pashhaathaa Niragun Raam Thinhee Boojh Lehiaa ||17||	By Guru's Grace, those who recognize the Lord, understand the absolute Lord. ||17||	(ਜਿਨ੍ਹਾਂ ਨੂੰ ਪ੍ਰਭੂ ਸਦਾ ਯਾਦ ਹੈ, ਉਹਨਾਂ ਦੀ ਸੰਗਤਿ ਵਿਚ ਰਹਿ ਕੇ) ਗੁਰੂ ਦੀ ਕਿਰਪਾ ਨਾਲ ਜਿਨ੍ਹਾਂ (ਹੋਰ) ਬੰਦਿਆਂ ਨੇ ਪਰਮਾਤਮਾ ਨਾਲ ਸਾਂਝ ਪਾਈ, ਉਹਨਾਂ ਮਾਇਆ ਤੋਂ ਨਿਰਲੇਪ ਪ੍ਰਭੂ (ਦਾ ਅਸਲਾ) ਸਮਝ ਕੇ ਉਸ ਨਾਲ ਮਿਲਾਪ ਪ੍ਰਾਪਤ ਕਰ ਲਿਆ ॥੧੭॥
19959	435	ਤੇਰਾ ਅੰਤੁ ਨ ਜਾਈ ਲਖਿਆ ਅਕਥੁ ਨ ਜਾਈ ਹਰਿ ਕਥਿਆ॥	ਅ-ਕਥੁ: ਪੋਲਾ ਬੋਲੋ	Thaeraa Anth N Jaaee Lakhiaa Akathh N Jaaee Har Kathhiaa ||	Your limits cannot be known; the indescribable Lord cannot be described.	ਹੇ ਪ੍ਰਭੂ! ਤੇਰੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ। ਪਰਮਾਤਮਾ ਦਾ ਸਰੂਪ ਬਿਆਨ ਤੋਂ ਪਰੇ ਹੈ, ਬਿਆਨ ਨਹੀਂ ਕੀਤਾ ਜਾ ਸਕਦਾ।
19960	435	ਨਾਨਕ ਜਿਨ੍ ਕਉ ਸਤਿਗੁਰੁ ਮਿਲਿਆ ਤਿਨ੍ ਕਾ ਲੇਖਾ ਨਿਬੜਿਆ॥੧੮॥੧॥੨॥	ਨਿੱਬੜਿਆ	Naanak Jinh Ko Sathigur Miliaa Thinh Kaa Laekhaa Nibarriaa ||18||1||2||	O Nanak, whose who have met the True Guru, have their accounts settled. ||18||1||2||	ਹੇ ਨਾਨਕ! ਜਿਨ੍ਹਾਂ ਨੂੰ ਸਤਿਗੁਰੂ ਮਿਲ ਪਏ (ਉਹ ਨਿਰੀ ਮਾਇਆ ਦੇ ਲੇਖੇ ਲਿਖਣ ਪੜ੍ਹਨ ਦੇ ਥਾਂ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨ ਲੱਗ ਪੈਂਦੇ ਹਨ, ਇਸ ਤਰ੍ਹਾਂ) ਉਹਨਾਂ ਦੇ ਅੰਦਰੋਂ ਮਾਇਆ ਦੇ ਮੋਹ ਦੇ ਸੰਸਕਾਰਾਂ ਦਾ ਹਿਸਾਬ ਮੁੱਕ ਜਾਂਦਾ ਹੈ ॥੧੮॥੧॥੨॥
19961	435	ਰਾਗੁ ਆਸਾ ਮਹਲਾ ੧ ਛੰਤ ਘਰੁ ੧		Raag Aasaa Mehalaa 1 Shhanth Ghar 1	Raag Aasaa, First Mehl, Chhant, First House:	ਰਾਗ ਆਸਾ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਛੰਤ'।

19962	435	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
19963	435	ਮੁੰਧ ਜੋਬਨਿ ਬਾਲੜੀਏ ਮੇਰਾ ਪਿਰੁ ਰਲੀਆਲਾ ਰਾਮ॥	(ਜੋਬਨਿ) ਜੁਆਨ ਹੋਵੇ, ਪਤੀ ਦੀ ਪ੍ਰਸੰਨਤਾ ਲੈਣ ਦੀ ਸਮਝ ਤੋਂ ਰਹਿਤ ਮੁੰਧ ਹੈ। (ਬੱਾਲੜੀਏ) ਇਆਣੀ। (ਰਲੀ-ਆਲਾ) ਖੁਸ਼ੀਆਂ ਦਾ ਘਰ	Mundhh Joban Baalarreeeae Maeraa Pir Raleeaalaa Raam ||	O beautiful young bride, my Beloved Lord is very playful.	ਹੇ ਜੋਬਨ ਵਿਚ ਮੱਤੀ ਅੰਞਾਣ ਇਸਤ੍ਰੀਏ! (ਆਪਣੇ ਪਤੀ-ਪ੍ਰਭੂ ਨੂੰ ਹਿਰਦੇ ਵਿਚ ਵਸਾ ਲੈ) ਪਿਆਰਾ ਪ੍ਰਭੂ ਹੀ ਆਨੰਦ ਦਾ ਸੋਮਾ ਹੈ।
19964	435	ਧਨ ਪਿਰ ਨੇਹੁ ਘਣਾ ਰਸਿ ਪ੍ਰੀਤਿ ਦਇਆਲਾ ਰਾਮ॥	ਦਇ-ਆਲਾ	Dhhan Pir Naehu Ghanaa Ras Preeth Dhaeiaalaa Raam ||	When the bride enshrines great love for her Husband Lord, He becomes merciful, and loves her in return.	ਜਿਸ ਜੀਵ-ਇਸਤ੍ਰੀ ਨਾਲ ਪ੍ਰਭੂ-ਪਤੀ ਦਾ ਬਹੁਤਾ ਪ੍ਰੇਮ ਬਣਦਾ ਹੈ ਉਹ ਬੜੇ ਚਾਉ ਨਾਲ ਦਇਆਲ ਪ੍ਰਭੂ ਨੂੰ ਪਿਆਰ ਕਰਦੀ ਹੈ।
19965	436	ਧਨ ਪਿਰਹਿ ਮੇਲਾ ਹੋਇ ਸੁਆਮੀ ਆਪਿ ਪ੍ਰਭੁ ਕਿਰਪਾ ਕਰੇ॥		Dhhan Pirehi Maelaa Hoe Suaamee Aap Prabh Kirapaa Karae ||	The soul-bride meets her Husband Lord, when the Lord Master Himself showers His favor upon her.	ਪ੍ਰਭੂ ਸੁਆਮੀ ਆਪ ਕਿਰਪਾ ਕਰਦਾ ਹੈ ਤਦੋਂ ਹੀ ਜੀਵ-ਇਸਤ੍ਰੀ ਦਾ ਪ੍ਰਭੂ-ਪਤੀ ਨਾਲ ਮਿਲਾਪ ਹੁੰਦਾ ਹੈ।

19966	436	ਸੇਜਾ ਸੁਹਾਵੀ ਸੰਗਿ ਪਿਰ ਕੈ ਸਾਤ ਸਰ ਅੰਮ੍ਰਿਤ ਭਰੇ॥	(ਸਾਤ ਸਰ) ਸੱਤ ਸਰੋਵਰ, ਪੰਜ ਗਿਆਨ ਇੰਦ੍ਰੇ ਤੇ ਮਨ ਬੁੱਧ	Saejaa Suhaavee Sang Pir Kai Saath Sar Anmrith Bharae ||	Her bed is decorated in the company of her Beloved, and her seven pools are filled with ambrosial nectar.	ਪਤੀ-ਪ੍ਰਭੂ ਦੀ ਸੰਗਤਿ ਵਿਚ ਉਸ ਦਾ ਹਿਰਦਾ-ਸੇਜ ਸੋਹਣਾ ਬਣ ਜਾਂਦਾ ਹੈ, ਉਸ ਦੇ ਪੰਜ ਗਿਆਨ-ਇੰਦ੍ਰੇ ਉਸ ਦਾ ਮਨ ਤੇ ਉਸ ਦੀ ਬੁੱਧੀ ਇਹ ਸਾਰੇ ਨਾਮ-ਅੰਮ੍ਰਿਤ ਨਾਲ ਭਰਪੂਰ ਹੋ ਜਾਂਦੇ ਹਨ।
19967	436	ਕਰਿ ਦਇਆ ਮਇਆ ਦਇਆਲ ਸਾਚੇ ਸਬਦਿ ਮਿਲਿ ਗੁਣ ਗਾਵਉ॥	ਦ-ਇਆ। ਮ-ਇਆ। ਦ-ਇਆਲ। ਗਾਵ-ਓ	Kar Dhaeiaa Maeiaa Dhaeiaal Saachae Sabadh Mil Gun Gaavou ||	Be kind and compassionate to me, O Merciful True Lord, that I may obtain the Word of the Shabad, and sing Your Glorious Praises.	ਹੇ ਸਦਾ-ਥਿਰ ਰਹਿਣ ਵਾਲੇ ਦਇਆਲ ਪ੍ਰਭੂ! ਮੇਰੇ ਉਤੇ ਮੇਹਰ ਕਰ ਕਿਰਪਾ ਕਰ, ਮੈਂ ਗੁਰੂ ਦੇ ਸ਼ਬਦ ਵਿਚ ਜੁੜ ਕੇ ਤੇਰੇ ਗੁਣ ਗਾਵਾਂ।
19968	436	ਨਾਨਕਾ ਹਰਿ ਵਰੁ ਦੇਖਿ ਬਿਗਸੀ ਮੁੰਧ ਮਨਿ ਓਮਾਹਉ॥੧॥	(ਓਮਾਹਉ) ਉਤਸ਼ਾਹ	Naanakaa Har Var Dhaekh Bigasee Mundhh Man Oumaahou ||1||	O Nanak, gazing upon her Husband Lord, the soul-bride is delighted, and her mind is filled with joy. ||1||	ਹੇ ਨਾਨਕ! ਜੇਹੜੀ ਜੀਵ-ਇਸਤ੍ਰੀ ਦੇ ਮਨ ਵਿਚ ਪ੍ਰਭੂ ਪਤੀ ਦੇ ਮਿਲਾਪ ਦਾ ਚਾਉ ਪੈਦਾ ਹੁੰਦਾ ਹੈ ਉਹ ਹਰੀ-ਖਸਮ ਦਾ ਦੀਦਾਰ ਕਰ ਕੇ (ਅੰਤਰ ਆਤਮੇ) ਪ੍ਰਸੰਨ ਹੁੰਦੀ ਹੈ ॥੧॥
19969	436	ਮੁੰਧ ਸਹਜਿ ਸਲੋਨੜੀਏ ਇਕ ਪ੍ਰੇਮ ਬਿਨੰਤੀ ਰਾਮ॥	ਪਤੀ ਰਾਮਜੀ ਬਿਨਾ, ਹੋਰ ਕਿਸੇ ਨੂੰ ਨ ਦੇਖਣ ਵਾਲੇ ਮਹਾਂ ਵਿਸਮਾਦ (ਸਲੋਨੜੀਏ) ਸੁੰਦਰ ਨੇਤ੍ਰਾਂ ਵਾਲੀ ਗੁਰਸੇਵਕ ਸਖੀ	Mundhh Sehaj Salonarreeeae Eik Praem Binanthee Raam ||	O bride of natural beauty, offer your loving prayers to the Lord.	ਹੇ ਆਤਮਕ ਅਡੋਲਤਾ ਵਿਚ ਟਿਕੀ ਸੁੰਦਰ ਨੇਤ੍ਰਾਂ ਵਾਲੀ ਜੀਵ-ਇਸਤ੍ਰੀਏ! ਮੇਰੀ ਇਕ ਪਿਆਰ-ਭਰੀ ਬੇਨਤੀ ਸੁਣ।

19970	436	ਮੈ ਮਨਿ ਤਨਿ ਹਰਿ ਭਾਵੈ ਪ੍ਰਭ ਸੰਗਮਿ ਰਾਤੀ ਰਾਮ॥	ਰੱਾਤੀ	Mai Man Than Har Bhaavai Prabh Sangam Raathee Raam ||	The Lord is pleasing to my mind and body; I am intoxicated in my Lord God's Company.	(ਮੈਨੂੰ ਭੀ ਰਾਹੇ ਪਾ ਕਿ) ਮੈਨੂੰ ਭਗਤੀ ਵਿਚ ਪ੍ਰਭੂ ਪਿਆਰਾ ਲੱਗੇ ਤੇ ਮੈਂ ਪ੍ਰਭੂ ਦੇ ਨਾਲ ਰੱਤੀ ਜਾਵਾਂ।
19971	436	ਪ੍ਰਭ ਪ੍ਰੇਮਿ ਰਾਤੀ ਹਰਿ ਬਿਨੰਤੀ ਨਾਮਿ ਹਰਿ ਕੈ ਸੁਖਿ ਵਸੈ॥		Prabh Praem Raathee Har Binanthee Naam Har Kai Sukh Vasai ||	Imbued with the Love of God, I pray to the Lord, and through the Lord's Name, I abide in peace.	ਜੇਹੜੀ ਜੀਵ-ਇਸਤ੍ਰੀ ਪ੍ਰਭੂ ਦੇ ਪਿਆਰ ਵਿਚ ਰੱਤੀ ਰਹਿੰਦੀ ਹੈ ਤੇ ਉਸ ਦੇ ਦਰ ਤੇ ਬੇਨਤੀਆਂ ਕਰਦੀ ਰਹਿੰਦੀ ਹੈ ਉਹ ਪ੍ਰਭੂ ਦੇ ਨਾਮ ਵਿਚ ਜੁੜ ਕੇ ਆਤਮਕ ਆਨੰਦ ਵਿਚ ਜੀਵਨ ਬਿਤੀਤ ਕਰਦੀ ਹੈ।
19972	436	ਤਉ ਗੁਣ ਪਛਾਣਹਿ ਤਾ ਪ੍ਰਭੁ ਜਾਣਹਿ ਗੁਣਹ ਵਸਿ ਅਵਗਣ ਨਸੈ॥	ਵੱਸਿ ਨੱਸੈ	Tho Gun Pashhaanehi Thaa Prabh Jaanehi Guneh Vas Avagan Nasai ||	If you recognize His Glorious Virtues, then you shall come to know God; thus virtue shall dwell in you, and sin shall run away.	ਹੇ ਪ੍ਰਭੂ! ਜੇਹੜੀਆਂ ਜੀਵ ਇਸਤ੍ਰੀਆਂ ਜਦੋਂ ਤੇਰੇ ਗੁਣ ਪਛਾਣਦੀਆਂ ਹਨ ਤਦੋਂ ਉਹ ਤੇਰੇ ਨਾਲ ਡੂੰਘੀ ਸਾਂਝ ਪਾ ਲੈਂਦੀਆਂ ਹਨ, ਉਹਨਾਂ ਦੇ ਹਿਰਦੇ ਵਿਚ ਗੁਣ ਆ ਟਿਕਦੇ ਹਨ ਤੇ ਔਗੁਣ ਉਹਨਾਂ ਦੇ ਅੰਦਰੋਂ ਦੂਰ ਹੋ ਜਾਂਦੇ ਹਨ।
19973	436	ਤੁਧੁ ਬਾਝੁ ਇਕੁ ਤਿਲੁ ਰਹਿ ਨ ਸਾਕਾ ਕਹਣਿ ਸੁਨਣਿ ਨ ਧੀਜਏ॥	ਧੀ-ਜਏ	Thudhh Baajh Eik Thil Rehi N Saakaa Kehan Sunan N Dhheejeae ||	Without You, I cannot survive, even for an instant; by merely talking and listening about You, I am not satisfied.	ਹੇ ਪ੍ਰਭੂ! ਮੈਂ ਤੈਥੋਂ ਬਿਨਾ ਇਕ ਤਿਲ ਜਿਤਨਾ ਸਮਾ ਭੀ ਜੀਊ ਨਹੀਂ ਸਕਦੀ (ਮੇਰੀ ਜਿੰਦ ਵਿਆਕੁਲ ਹੋ ਪੈਂਦੀ ਹੈ) ਤੇ (ਤੇਰੇ ਨਾਮ ਤੋਂ ਬਿਨਾ ਕੁਝ ਹੋਰ) ਆਖਣ ਨਾਲ ਜਾਂ ਸੁਣਨ ਨਾਲ ਮੇਰਾ ਮਨ ਧੀਰਜ ਨਹੀਂ ਫੜਦਾ।

19974	436	ਨਾਨਕਾ ਪ੍ਰਿਉ ਪ੍ਰਿਉ ਕਰਿ ਪੁਕਾਰੇ ਰਸਨ ਰਸਿ ਮਨੁ ਭੀਜਏ॥੨॥	ਭੀ-ਜਏ	Naanakaa Prio Prio Kar Pukaarae Rasan Ras Man Bheejeae ||2||	Nanak proclaims, "O Beloved, O Beloved!" His tongue and mind are drenched with the Lord's sublime essence. ||2||	ਹੇ ਨਾਨਕ! ਜੇਹੜੀ ਜੀਵ-ਇਸਤ੍ਰੀ ਪ੍ਰਭੂ ਨੂੰ 'ਹੇ ਪਿਆਰੇ! ਹੇ ਪਿਆਰੇ!' ਆਖ ਆਖ ਕੇ ਯਾਦ ਕਰਦੀ ਰਹਿੰਦੀ ਹੈ ਉਸ ਦੀ ਜੀਭ ਉਸ ਦਾ ਮਨ ਪਰਮਾਤਮਾ ਦੇ ਨਾਮ-ਰਸ ਵਿਚ ਭਿੱਜ ਜਾਂਦਾ ਹੈ ॥੨॥
19975	436	ਸਖੀਹੋ ਸਹੇਲੜੀਹੋ ਮੇਰਾ ਪਿਰੁ ਵਣਜਾਰਾ ਰਾਮ॥		Sakheeho Sehaelarreeho Maeraa Pir Vanajaaraa Raam ||	O my companions and friends, my Husband Lord is the merchant.	ਹੇ (ਸਤਸੰਗੀ) ਸਹੇਲੀਹੋ! ਪਰਮਾਤਮਾ ਪ੍ਰੇਮ ਦਾ ਵਪਾਰੀ ਹੈ।
19976	436	ਹਰਿ ਨਾਮੋ ਵਣੰਜੜਿਆ ਰਸਿ ਮੋਲਿ ਅਪਾਰਾ ਰਾਮ॥	ਵਣੰਜ-ੜਿਆ	Har Naamuo Vananjarriaa Ras Mol Apaaraa Raam ||	I have purchased the Lord's Name; its sweetness and value are unlimited.	ਜਿਸ ਨੇ ਉਸ ਦਾ ਨਾਮ ਵਿਹਾਝਿਆ ਹੈ ਉਹ ਉਸ ਦੇ ਨਾਮ-ਰਸ ਵਿਚ ਭਿੱਜ ਕੇ ਇਤਨੇ ਉੱਚੇ ਆਤਮਕ-ਜੀਵਨ ਵਾਲੀ ਹੋ ਜਾਂਦੀ ਹੈ ਕਿ ਉਸ ਦਾ ਮੁੱਲ ਨਹੀਂ ਪੈ ਸਕਦਾ।
19977	436	ਮੋਲਿ ਅਮੋਲੋ ਸਚ ਘਰਿ ਢੋਲੋ ਪ੍ਰਭ ਭਾਵੈ ਤਾ ਮੁੰਧ ਭਲੀ॥	(ਢੋਲੋ) ਪਿਆਰਾ	Mol Amolo Sach Ghar Dtolo Prabh Bhaavai Thaa Mundhh Bhalee ||	His value is invaluable; the Beloved dwells in His true home. If it is pleasing to God, then He blesses His bride.	ਉਹ ਜੀਵ-ਸਖੀ ਬੇਅੰਤ ਮੁੱਲ ਵਾਲੀ ਹੋ ਜਾਂਦੀ ਹੈ, ਪਿਆਰੇ-ਪ੍ਰਭੂ ਦੇ ਸਦਾ-ਥਿਰ ਚਰਨਾਂ ਵਿਚ ਉਹ ਜੁੜੀ ਰਹਿੰਦੀ ਹੈ। ਉਹੀ ਜੀਵ-ਇਸਤ੍ਰੀ ਚੰਗੀ ਸਮਝੋ ਜੋ ਪਤੀ-ਪ੍ਰਭੂ ਨੂੰ ਪਿਆਰੀ ਲੱਗਦੀ ਹੈ।

19978	436	ਇਕਿ ਸੰਗਿ ਹਰਿ ਕੈ ਕਰਹਿ ਰਲੀਆ ਹਉ ਪੁਕਾਰੀ ਦਰਿ ਖਲੀ॥		Eik Sang Har Kai Karehi Raleeaa Ho Pukaaree Dhar Khalee ||	Some enjoy sweet pleasures with the Lord, while I stand crying at His door.	ਅਨੇਕਾਂ ਹੀ ਹਨ ਜੋ ਪ੍ਰਭੂ ਦੀ ਯਾਦ ਵਿਚ ਜੁੜ ਕੇ ਆਤਮਕ ਆਨੰਦ ਮਾਣਦੀਆਂ ਹਨ, ਮੈਂ ਉਹਨਾਂ ਦੇ ਦਰ ਤੇ ਖਲੋ ਕੇ ਬੇਨਤੀ ਕਰਦੀ ਹਾਂ (ਕਿ ਮੇਰੀ ਸਹਾਇਤਾ ਕਰੋ ਮੈਂ ਭੀ ਪ੍ਰਭੂ ਨੂੰ ਯਾਦ ਕਰ ਸਕਾਂ)।
19979	436	ਕਰਣ ਕਾਰਣ ਸਮਰਥ ਸ੍ਰੀਧਰ ਆਪਿ ਕਾਰਜੁ ਸਾਰਏ॥	ਸਮਰੱਥ। ਸਾਰ–ਏ	Karan Kaaran Samarathh Sreedhhar Aap Kaaraj Saareae ||	The Creator, the Cause of causes, the All-powerful Lord Himself arranges our affairs.	ਪਰਮਾਤਮਾ ਹੀ ਸਾਰੇ ਜਗਤ ਦਾ ਮੂਲ ਹੈ ਜੋ ਸਭ ਕੁਝ ਕਰਨ-ਯੋਗ ਹੈ ਜੋ ਮਾਇਆ ਦਾ ਪਤੀ ਹੈ ਤੇ ਉਸ ਜੀਵ-ਇਸਤ੍ਰੀ ਦੇ ਮਨੁੱਖਾ ਜਨਮ ਦੇ ਮਨੋਰਥ ਨੂੰ ਸਫਲ ਕਰਦਾ ਹੈ।
19980	436	ਨਾਨਕ ਨਦਰੀ ਧਨ ਸੋਹਾਗਣਿ ਸਬਦੁ ਅਭ ਸਾਧਾਰਏ॥੩॥	(ਅਭ)ਰਿਦਾ। (ਸਾ–ਧਾ–ਰਏ) ਸ਼ੁੱਧ ਕਰਦਾ	Naanak Nadharee Dhhan Sohaagan Sabadh Abh Saadhhaareae ||3||	O Nanak, blessed is the soul-bride, upon whom He casts His Glance of Grace; she enshrines the Word of the Shabad in her heart. ||3||	ਹੇ ਨਾਨਕ! ਜਿਸ ਜੀਵ-ਇਸਤ੍ਰੀ ਉਤੇ ਪ੍ਰਭੂ ਦੀ ਮੇਹਰ ਦੀ ਨਿਗਾਹ ਹੁੰਦੀ ਹੈ ਉਹ ਭਾਗਾਂ ਵਾਲੀ ਹੈ, ਗੁਰੂ ਦਾ ਸ਼ਬਦ ਉਸ ਦੇ ਹਿਰਦੇ ਨੂੰ ਸਹਾਰਾ ਦੇਈ ਰੱਖਦਾ ਹੈ ॥੩॥
19981	436	ਹਮ ਘਰਿ ਸਾਚਾ ਸੋਹਿਲੜਾ ਪ੍ਰਭ ਆਇਅੜੇ ਮੀਤਾ ਰਾਮ॥	ਆਇ–ਅੜੇ	Ham Ghar Saachaa Sohilarraa Prabh Aaeiarrae Meethaa Raam ||	In my home, the true songs of rejoicing resound; the Lord God, my Friend, has come to me.	ਹੇ ਸਹੇਲੀਹੋ! ਮੇਰੇ ਹਿਰਦੇ-ਘਰ ਵਿਚ, ਮਾਨੋ, ਅਟੱਲ ਖ਼ੁਸ਼ੀਆਂ-ਭਰਿਆ ਗੀਤ ਹੋਣ ਲੱਗ ਪਿਆ ਹੈ, ਕਿਉਂਕਿ ਮਿਤ੍ਰ-ਪ੍ਰਭੂ ਮੇਰੇ ਅੰਦਰ ਆ ਵੱਸਿਆ ਹੈ।

19982	436	ਰਾਵੇ ਰੰਗਿ ਰਾਤੜਿਆ ਮਨੁ ਲੀਅੜਾ ਦੀਤਾ ਰਾਮ॥	(ਲੀਅੜਾ) ਲਿਆ	Raavae Rang Raatharriaa Man Leearraa Dheethaa Raam ||	He enjoys me, and imbued with His Love, I have captivated His heart, and given mine to Him.	ਉਹ ਪ੍ਰਭੂ ਉਹਨਾਂ ਜੀਵਾਂ ਨੂੰ ਮਿਲ ਪੈਂਦਾ ਹੈ ਜੋ ਉਸ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹ ਆਪਣਾ ਮਨ ਉਸ ਦੇ ਹਵਾਲੇ ਕਰਦੇ ਹਨ ਤੇ ਉਹ ਨਾਮ ਹਾਸਲ ਕਰਦੇ ਹਨ।
19983	436	ਆਪਣਾ ਮਨੁ ਦੀਆ ਹਰਿ ਵਰੁ ਲੀਆ ਜਿਉ ਭਾਵੈ ਤਿਉ ਰਾਵਏ॥	ਰਾਵਏ	Aapanaa Man Dheeaa Har Var Leeaa Jio Bhaavai Thio Raaveae ||	I gave my mind, and obtained the Lord as my Husband; as it pleases His Will, He enjoys me.	ਜੇਹੜੀ ਜੀਵ-ਇਸਤ੍ਰੀ ਆਪਣਾ ਮਨ ਪ੍ਰਭੂ-ਪਤੀ ਦੇ ਹਵਾਲੇ ਕਰਦੀ ਹੈ ਉਹ ਪ੍ਰਭੂ-ਖਸਮ ਦਾ ਮਿਲਾਪ ਪ੍ਰਾਪਤ ਕਰ ਲੈਂਦੀ ਹੈ ਫਿਰ ਆਪਣੀ ਰਜ਼ਾ ਅਨੁਸਾਰ ਪ੍ਰਭੂ ਉਸ ਜੀਵ ਇਸਤ੍ਰੀ ਨਾਲ ਮਿਲਿਆ ਰਹਿੰਦਾ ਹੈ।
19984	436	ਤਨੁ ਮਨੁ ਪਿਰ ਆਗੈ ਸਬਦਿ ਸਭਾਗੈ ਘਰਿ ਅੰਮ੍ਰਿਤ ਫਲੁ ਪਾਵਏ॥	ਪਾਵਏ	Than Man Pir Aagai Sabadh Sabhaagai Ghar Anmrith Fal Paaveae ||	I have placed my body and mind before my Husband Lord, and through the Shabad, I have been blessed. Within the home of my own self, I have obtained the ambrosial fruit.	ਜੇਹੜੀ ਜਿੰਦ-ਵਹੁਟੀ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਣਾ ਮਨ ਤੇ ਆਪਣਾ ਹਿਰਦਾ ਪ੍ਰਭੂ-ਪਤੀ ਦੇ ਭੇਟ ਕਰਦੀ ਹੈ ਉਹ ਆਪਣੇ ਭਾਗਾਂ ਵਾਲੇ ਹਿਰਦੇ-ਘਰ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਫਲ ਪਾ ਲੈਂਦੀ ਹੈ।

19985	436	ਬੁਧਿ ਪਾਠਿ ਨ ਪਾਈਐ ਬਹੁ ਚਤੁਰਾਈਐ ਭਾਇ ਮਿਲੈ ਮਨਿ ਭਾਣੇ॥		Budhh Paath N Paaeeai Bahu Chathuraaeeai Bhaae Milai Man Bhaanae ||	He is not obtained by intellectual recitation or great cleverness; only by love does the mind obtain Him.	ਪ੍ਰਭੂ ਕਿਸੇ ਸਿਆਣਪ ਨਾਲ ਕਿਸੇ ਅਕਲ ਨਾਲ ਕਿਸੇ (ਧਾਰਮਿਕ ਪੁਸਤਕਾਂ ਦੇ) ਪਾਠ ਨਾਲ ਨਹੀਂ ਮਿਲਦਾ, ਉਹ ਤਾਂ ਪ੍ਰੇਮ ਦੀ ਰਾਹੀਂ ਮਿਲਦਾ ਹੈ, ਉਸ ਨੂੰ ਮਿਲਦਾ ਹੈ ਜਿਸ ਦੇ ਮਨ ਵਿਚ ਉਹ ਪਿਆਰਾ ਲੱਗਦਾ ਹੈ।
19986	436	ਨਾਨਕ ਠਾਕੁਰ ਮੀਤ ਹਮਾਰੇ ਹਮ ਨਾਹੀ ਲੋਕਾਣੇ॥੪॥੧॥	(ਲੋਕਾਣੇ) ਲੋਕਾਂ ਦੇ	Naanak Thaakur Meeth Hamaarae Ham Naahee Lokaanae ||4||1||	O Nanak, the Lord Master is my Best Friend; I am not an ordinary person. ||4||1||	ਹੇ ਨਾਨਕ! (ਆਖ-) ਹੇ ਮੇਰੇ ਠਾਕੁਰ! ਹੇ ਮੇਰੇ ਮਿੱਤਰ! (ਮੇਹਰ ਕਰ ਮੈਨੂੰ ਆਪਣਾ ਬਣਾਈ ਰੱਖ) ਮੈਂ (ਤੈਥੋਂ ਬਿਨਾ) ਕਿਸੇ ਹੋਰ ਦਾ ਨਾਹ ਬਣਾਂ ॥੪॥੧॥
19987	436	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
19988	436	ਅਨਹਦੋ ਅਨਹਦੁ ਵਾਜੈ ਰੁਣ ਝੁਣਕਾਰੇ ਰਾਮ॥	(ਅਨਹਦੋ) ਇੱਕ ਰਸ। (ਰੁਣ ਝੁਣਕਾਰੇ) ਅਨੰਦਦਾਇਕ	Anehadho Anehadh Vaajai Run Jhunakaarae Raam ||	The unstruck melody of the sound current resounds with the vibrations of the celestial instruments.	ਹੁਣ ਮੇਰੇ ਅੰਦਰ (ਮਾਨੋ) ਘੁੰਘਰੂਆਂ ਝਾਂਜਰਾਂ ਦੀ ਛਣਕਾਰ ਦੇਣ ਵਾਲਾ (ਵਾਜਾ) ਇਕ-ਰਸ ਵੱਜ ਰਿਹਾ ਹੈ,
19989	436	ਮੇਰਾ ਮਨੋ ਮੇਰਾ ਮਨੁ ਰਾਤਾ ਲਾਲ ਪਿਆਰੇ ਰਾਮ॥	ਰੱਤਾ	Maeraa Mano Maeraa Man Raathaa Laal Piaarae Raam ||	My mind, my mind is imbued with the Love of my Darling Beloved.	ਕਿਉਂ ਕਿ ਮੇਰਾ ਮਨ ਪਿਆਰੇ ਪ੍ਰਭੂ (ਦੇ ਪ੍ਰੇਮ-ਰੰਗ) ਵਿਚ ਰੰਗਿਆ ਗਿਆ ਹੈ।

19990	436	ਅਨ ਦਿਨੁ ਰਾਤਾ ਮਨੁ ਬੈਰਾਗੀ ਸੁੰਨ ਮੰਡਲਿ ਘਰੁ ਪਾਇਆ॥		Anadhin Raathaa Man Bairaagee Sunn Manddal Ghar Paaeiaa ||	Night and day, my detached mind remains absorbed in the Lord, and I obtain my home in the profound trance of the celestial void.	ਮੇਰਾ ਮਨ ਹਰ ਵੇਲੇ (ਪ੍ਰਭੂ ਦੀ ਯਾਦ ਵਿਚ) ਮਤਵਾਲਾ ਰਹਿੰਦਾ ਹੈ, ਮਸਤ ਰਹਿੰਦਾ ਹੈ, ਮੈਂ ਹੁਣ ਅਜੇਹੇ ਉੱਚੇ ਮੰਡਲ ਵਿਚ ਟਿਕਾਣਾ ਲੱਭ ਲਿਆ ਹੈ ਜਿਥੇ ਕੋਈ ਮਾਇਕ ਫੁਰਨਾ ਨਹੀਂ ਉਠਦਾ।
19991	436	ਆਦਿ ਪੁਰਖੁ ਅਪਰੰਪਰੁ ਪਿਆਰਾ ਸਤਿਗੁਰਿ ਅਲਖੁ ਲਖਾਇਆ॥	(ਅਪ-ਰੰਪਰੁ) ਪਰੇ ਤੋਂ ਪਰੇ।ਅ-ਲਖੁ: ਪੋਲਾ ਬੋਲੋ	Aadh Purakh Aparanpar Piaaraa Sathigur Alakh Lakhaaeiaa ||	The True Guru has revealed to me the Primal Lord, the Infinite, my Beloved, the Unseen.	ਸਤਿਗੁਰੂ ਨੇ ਮੈਨੂੰ ਉਹ ਅਦ੍ਰਿਸ਼ਟ ਪ੍ਰਭੂ ਵਿਖਾ ਦਿੱਤਾ ਹੈ ਜੋ ਸਭ ਦਾ ਮੁੱਢ ਹੈ ਜੋ ਸਭ ਵਿਚ ਵਿਆਪਕ ਹੈ ਜੋ ਸਭ ਦਾ ਪਿਆਰਾ ਹੈ ਤੇ ਜਿਸ ਤੋਂ ਪਰੇ ਹੋਰ ਕੋਈ ਹਸਤੀ ਨਹੀਂ।
19992	436	ਆਸਣਿ ਬੈਸਣਿ ਥਿਰੁ ਨਾਰਾਇਣੁ ਤਿਤੁ ਮਨੁ ਰਾਤਾ ਵੀਚਾਰੇ॥		Aasan Baisan Thhir Naaraaein Thith Man Raathaa Veechaarae ||	The Lord's posture and His seat are permanent; my mind is absorbed in reflective contemplation upon Him.	ਮੇਰਾ ਮਨ ਗੁਰੂ ਦੇ ਸ਼ਬਦ ਦੀ ਵਿਚਾਰ ਦੀ ਬਰਕਤਿ ਨਾਲ ਉਸ ਨਾਰਾਇਣ ਵਿਚ ਮਸਤ ਰਹਿੰਦਾ ਹੈ ਜੋ ਆਪਣੇ ਆਸਣ ਉਤੇ ਆਪਣੇ ਤਖ਼ਤ ਉਤੇ ਸਦਾ ਅਡੋਲ ਰਹਿੰਦਾ ਹੈ।
19993	436	ਨਾਨਕ ਨਾਮਿ ਰਤੇ ਬੈਰਾਗੀ ਅਨਹਦ ਰੁਣ ਝੁਣਕਾਰੇ॥੧॥		Naanak Naam Rathae Bairaagee Anehadh Run Jhunakaarae ||1||	O Nanak, the detached ones are imbued with His Name, the unstruck melody, and the celestial vibrations. ||1||	ਹੇ ਨਾਨਕ! ਜਿਨ੍ਹਾਂ ਬੰਦਿਆਂ ਦੇ ਮਨ ਪ੍ਰਭੂ ਦਾ ਨਾਮ ਵਿੱਚ ਰੰਗੇ ਜਾਂਦੇ ਹਨ (ਪ੍ਰਭੂ-ਨਾਮ ਦੇ) ਮਤਵਾਲੇ ਹੋ ਜਾਂਦੇ ਹਨ, ਉਹਨਾਂ ਦੇ ਅੰਦਰ, (ਮਾਨੋ) ਝਾਂਜਰਾਂ ਘੁੰਘਰੂਆਂ ਦੀ ਛਣਕਾਰ ਦੇਣ ਵਾਲਾ (ਵਾਜਾ) ਇਕ-ਰਸ ਵੱਜਦਾ ਹੈ ॥੧॥

19994	436	ਤਿਤੁ ਅਗਮ ਤਿਤੁ ਅਗਮ ਪੁਰੇ ਕਹੁ ਕਿਤੁ ਬਿਧਿ ਜਾਈਐ ਰਾਮ॥		Thith Agam Thith Agam Purae Kahu Kith Bidhh Jaaeeai Raam ||	Tell me, how can I reach that unreachable, that unreachable city?	(ਹੇ ਸਹੇਲੀਏ!) ਦੱਸ, ਉਸ ਅਪਹੁੰਚ ਪਰਮਾਤਮਾ ਦੇ ਸ਼ਹਰ ਵਿਚ ਕਿਸ ਤਰੀਕੇ ਨਾਲ ਜਾਈਦਾ ਹੈ।
19995	436	ਸਚੁ ਸੰਜਮੋ ਸਾਰਿ ਗੁਣਾ ਗੁਰ ਸਬਦੁ ਕਮਾਈਐ ਰਾਮ॥		Sach Sanjamo Saar Gunaa Gur Sabadh Kamaaeeai Raam ||	By practicing truthfulness and self-restraint, by contemplating His Glorious Virtues, and living the Word of the Guru's Shabad.	(ਸਹੇਲੀ ਉੱਤਰ ਦੇਂਦੀ ਹੈ-ਹੇ ਭੈਣ!) ਸਦਾ-ਥਿਰ ਪ੍ਰਭੂ ਦਾ ਨਾਮ ਸਿਮਰ ਕੇ, (ਸਿਮਰਨ ਦੀ ਬਰਕਤਿ ਨਾਲ) ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਰੋਕ ਕੇ, ਪ੍ਰਭੂ ਦੇ ਗੁਣ (ਹਿਰਦੇ ਵਿਚ) ਸੰਭਾਲ ਕੇ ਸਤਿਗੁਰੂ ਦਾ ਸ਼ਬਦ ਕਮਾਣਾ ਚਾਹੀਦਾ ਹੈ।
19996	436	ਸਚੁ ਸਬਦੁ ਕਮਾਈਐ ਨਿਜ ਘਰਿ ਜਾਈਐ ਪਾਈਐ ਗੁਣੀ ਨਿਧਾਨਾ॥		Sach Sabadh Kamaaeeai Nij Ghar Jaaeeai Paaeeai Gunee Nidhhaanaa ||	Practicing the True Word of the Shabad, one comes to the home of his own inner being, and obtains the treasure of virtue.	ਸਦਾ-ਥਿਰ ਪ੍ਰਭੂ ਨਾਲ ਮਿਲਾਣ ਵਾਲਾ ਗੁਰ-ਸ਼ਬਦ ਕਮਾਇਆਂ ਆਪਣੇ ਘਰ ਵਿਚ (ਸ੍ਵੈ-ਸਰੂਪ ਵਿਚ) ਅੱਪੜ ਜਾਈਦਾ ਹੈ, ਤੇ ਗੁਣਾਂ ਦਾ ਖ਼ਜ਼ਾਨਾ ਪਰਮਾਤਮਾ ਲੱਭ ਲਈਦਾ ਹੈ।
19997	436	ਤਿਤੁ ਸਾਖਾ ਮੂਲੁ ਪਤੁ ਨਹੀ ਡਾਲੀ ਸਿਰਿ ਸਭਨਾ ਪਰਧਾਨਾ॥	ਪੱਤੁ	Thith Saakhaa Mool Path Nehee Ddaalee Sir Sabhanaa Paradhhaanaa ||	He has no stems, roots, leaves or branches, but He is the Supreme Lord over the heads of all.	ਉਸ ਪ੍ਰਭੂ ਦਾ ਆਸਰਾ ਲੈ ਕੇ ਉਸ ਦੀਆਂ ਟਹਣੀਆਂ ਡਾਲੀਆਂ ਜੜ੍ਹ ਪੱਤਰ (ਆਦਿਕ, ਭਾਵ, ਉਸ ਦੇ ਰਚੇ ਜਗਤ) ਦਾ ਆਸਰਾ ਲੈਣ ਦੀ ਲੋੜ ਨਹੀਂ ਪੈਂਦੀ (ਕਿਉਂਕਿ) ਉਹ ਪਰਮਾਤਮਾ ਸਭਨਾਂ ਦੇ ਸਿਰ ਉਤੇ ਪਰਧਾਨ ਹੈ।

19998	436	ਜਪੁ ਤਪੁ ਕਰਿ ਕਰਿ ਸੰਜਮ ਥਾਕੀ ਹਠਿ ਨਿਗ੍ਰਹਿ ਨਹੀ ਪਾਈਐ॥	(ਨਿ-ਗ੍ਰਹਿ) ਰੋਕਣਾ। ਹਠਿ: ਪੋਲਾ ਬੋਲੋ	Jap Thap Kar Kar Sanjam Thhaakee Hath Nigrehi Nehee Paaeeai ||	Practicing intensive meditation, chanting and self-discipline, people have grown weary; stubbornly practicing these rituals, they still have not found Him.	ਇਹ ਲੁਕਾਈ ਜਪ ਕਰ ਕੇ ਤਪ ਸਾਧ ਕੇ ਇੰਦ੍ਰਿਆਂ ਨੂੰ ਰੋਕਣ ਦਾ ਜਤਨ ਕਰ ਕੇ ਹਾਰ ਗਈ ਹੈ, (ਇਸ ਕਿਸਮ ਦੇ) ਹਠ ਨਾਲ ਇੰਦ੍ਰਿਆਂ ਨੂੰ ਵੱਸ ਕਰਨ ਦੇ ਜਤਨ ਨਾਲ ਪਰਮਾਤਮਾ ਨਹੀਂ ਮਿਲਦਾ।
19999	436	ਨਾਨਕ ਸਹਜਿ ਮਿਲੇ ਜਗਜੀਵਨ ਸਤਿਗੁਰ ਬੂਝ ਬੁਝਾਈਐ॥੨॥	ਜੱਗਜੀਵਨ ਬੂੱਝ ਬੁੱਝਾਈਐ	Naanak Sehaj Milae Jagajeevan Sathigur Boojh Bujhaaeeai ||2||	O Nanak, through spiritual wisdom, the Lord, the Life of the world, is met; the True Guru imparts this understanding. ||2||	ਹੇ ਨਾਨਕ! ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਜਗਤ ਦੇ ਆਸਰੇ ਪ੍ਰਭੂ ਨੂੰ ਮਿਲ ਪੈਂਦੇ ਹਨ ਜਿਨ੍ਹਾਂ ਨੂੰ ਸਤਿਗੁਰੂ ਦੀ (ਦਿੱਤੀ) ਮਤਿ ਨੇ (ਸਹੀ ਜੀਵਨ-ਰਾਹ) ਸਮਝਾ ਦਿੱਤਾ ਹੈ ॥੨॥
20000	436	ਗੁਰੁ ਸਾਗਰੋ ਰਤਨਾਗਰੁ ਤਿਤੁ ਰਤਨ ਘਣੇਰੇ ਰਾਮ॥	(ਰਤਨਾਗਰੁ) ਰਤਨਾਂ ਦੀ ਖਾਣ	Gur Saagaro Rathanaagar Thith Rathan Ghanaerae Raam ||	The Guru is the ocean, the mountain of jewels, overflowing with jewels.	ਗੁਰੂ (ਇਕ) ਸਮੁੰਦਰ ਹੈ, ਗੁਰੂ ਰਤਨਾਂ ਦੀ ਖਾਣ ਹੈ, ਉਸ ਵਿਚ (ਸੁਚੱਜੀ ਜੀਵਨ-ਸਿੱਖਿਆ ਦੇ), ਅਨੇਕਾਂ ਰਤਨ ਹਨ।
20001	437	ਕਰਿ ਮਜਨੋ ਸਪਤ ਸਰੇ ਮਨ ਨਿਰਮਲ ਮੇਰੇ ਰਾਮ॥	ਮੱਜਨੋ। (ਸਪਤ) ਸੱਤ, ਪੰਜ ਗਿਆਨ ਇੰਦ੍ਰੇ ਤੇ ਮਨ ਬੁੱਧ। (ਸਰੇ) ਸਮੁੰਦ੍ਰ ਚ।	Kar Majano Sapath Sarae Man Niramal Maerae Raam ||	Take your bath in the seven seas, O my mind, and become pure.	(ਹੇ ਸਹੇਲੀਏ! ਉਸ ਵਿਚ) ਪੰਜੇ ਗਿਆਨ-ਇੰਦ੍ਰਿਆਂ ਮਨ ਤੇ ਬੁੱਧੀ ਸਮੇਤ ਇਸ਼ਨਾਨ ਕਰ, ਤੇਰਾ ਮਨ ਪਵਿਤ੍ਰ ਹੋ ਜਾਇਗਾ।

20002	437	ਨਿਰਮਲ ਜਲਿ ਨ੍ਹਾਏ ਜਾ ਪ੍ਰਭ ਭਾਏ ਪੰਚ ਮਿਲੇ ਵੀਚਾਰੇ॥	(ਪੰਚ) ਸੰਤ	Niramal Jal Nhaaeae Jaa Prabh Bhaaeae Panch Milae Veechaarae ||	One bathes in the water of purity when it is pleasing to God, and obtains the five virtues by reflective meditation.	ਜੀਵ (ਗੁਰ-ਸ਼ਬਦ ਰੂਪ) ਪਵਿਤ੍ਰ ਜਲ ਵਿਚ ਤਦੋਂ ਹੀ ਇਸ਼ਨਾਨ ਕਰ ਸਕਦਾ ਹੈ ਜਦੋਂ ਪ੍ਰਭੂ ਨੂੰ ਚੰਗਾ ਲੱਗਦਾ ਹੈ, (ਗੁਰੂ ਦੇ ਸ਼ਬਦ ਦੀ) ਵਿਚਾਰ ਦੀ ਬਰਕਤਿ ਨਾਲ ਇਸ ਨੂੰ (ਸਤ, ਸੰਤੋਖ, ਦਇਆ, ਧਰਮ ਤੇ ਧੀਰਜ) ਪੰਜੇ ਹੀ ਪ੍ਰਾਪਤ ਹੋ ਜਾਂਦੇ ਹਨ,
20003	437	ਕਾਮੁ ਕਰੋਧੁ ਕਪਟੁ ਬਿਖਿਆ ਤਜਿ ਸਚੁ ਨਾਮੁ ਉਰਿ ਧਾਰੇ॥		Kaam Karodhh Kapatt Bikhiaa Thaj Sach Naam Our Dhhaarae ||	Renouncing sexual desire, anger, deceit and corruption, he enshrines the True Name in his heart.	ਅਤੇ ਕਾਮ ਕ੍ਰੋਧ ਖੋਟ (ਮਾਇਆ ਦਾ ਮੋਹ ਆਦਿਕ) ਤਿਆਗ ਕੇ ਜੀਵ ਸਦਾ-ਥਿਰ ਪ੍ਰਭੂ-ਨਾਮ ਨੂੰ ਆਪਣੇ ਹਿਰਦੇ ਵਿਚ ਵਸਾ ਲੈਂਦਾ ਹੈ।
20004	437	ਹਉਮੈ ਲੋਭ ਲਹਰਿ ਲਬ ਥਾਕੇ ਪਾਏ ਦੀਨ ਦਇਆਲਾ॥	ਲਹ-ਰਿ। ਲੱਬ। ਦ-ਇਆਲਾ ਬੋਲੋ	Houmai Lobh Lehar Lab Thhaakae Paaeae Dheen Dhaeiaalaa ||	When the waves of ego, greed and avarice subside, he finds the Lord Master, Merciful to the meek.	ਜੇਹੜਾ ਮਨੁੱਖ ਦੀਨਾਂ ਤੇ ਦਇਆ ਕਰਨ ਵਾਲੇ ਪਰਮਾਤਮਾ ਨੂੰ ਪ੍ਰਾਪਤ ਕਰ ਲੈਂਦਾ ਹੈ, ਉਸ ਦੇ ਅੰਦਰੋਂ ਹਉਮੈ, ਲੋਭ ਦੀ ਲਹਰ, ਤੇ ਲੱਬ (ਆਦਿਕ) ਮੁੱਕ ਜਾਂਦੇ ਹਨ।
20005	437	ਨਾਨਕ ਗੁਰ ਸਮਾਨਿ ਤੀਰਥੁ ਨਹੀ ਕੋਈ ਸਾਚੇ ਗੁਰ ਗੋਪਾਲਾ॥੩॥		Naanak Gur Samaan Theerathh Nehee Koee Saachae Gur Gopaalaa ||3||	O Nanak, there is no place of pilgrimage comparable to the Guru; the True Guru is the Lord of the world. ||3||	ਹੇ ਨਾਨਕ! ਗੁਰੂ ਸਦਾ-ਥਿਰ ਪ੍ਰਭੂ ਗੋਪਾਲ ਦਾ ਰੂਪ ਹੈ, ਗੁਰੂ ਵਰਗਾ ਹੋਰ ਕੋਈ ਤੀਰਥ ਨਹੀਂ ਹੈ ॥੩॥

20006	437	ਹਉ ਬਨੁ ਬਨੋ ਦੇਖਿ ਰਹੀ ਤ੍ਰਿਣੁ ਦੇਖਿ ਸਬਾਇਆ ਰਾਮ॥	(ਤ੍ਰਿਣੁ) ਘਾਹ। (ਸਬਾਇਆ) ਸਾਰਾ	Ho Ban Bano Dhaekh Rehee Thrin Dhaekh Sabaaeiaa Raam ||	I have searched the jungles and forests, and looked upon all the fields.	ਹੇ ਪ੍ਰਭੂ! ਮੈਂ ਹਰੇਕ ਜੰਗਲ ਵੇਖ ਚੁਕੀ ਹਾਂ, ਸਾਰੀ ਬਨਸਪਤੀ ਨੂੰ ਤੱਕ ਚੁਕੀ ਹਾਂ,
20007	437	ਤ੍ਰਿਭਵਣੋ ਤੁਝਹਿ ਕੀਆ ਸਭੁ ਜਗਤੁ ਸਬਾਇਆ ਰਾਮ॥	(ਤ੍ਰਿਭਵਣੋ) ਤਿੰਨੇ ਲੋਕ, ਅਕਾਸ਼,ਪਤਾਲ,ਧਰਤੀ। ਜੱਗਤੁ	Thribhavano Thujhehi Keeaa Sabh Jagath Sabaaeiaa Raam ||	You created the three worlds, the entire universe, everything.	(ਮੈਨੂੰ ਯਕੀਨ ਆ ਗਿਆ ਹੈ ਕਿ) ਇਹ ਸਾਰਾ ਜਗਤ ਤੂੰ ਹੀ ਪੈਦਾ ਕੀਤਾ ਹੈ, ਇਹ ਤਿੰਨੇ ਭਵਨ ਤੇਰੇ ਹੀ ਬਣਾਏ ਹੋਏ ਹਨ।
20008	437	ਤੇਰਾ ਸਭੁ ਕੀਆ ਤੂੰ ਥਿਰੁ ਥੀਆ ਤੁਧੁ ਸਮਾਨਿ ਕੋ ਨਾਹੀ॥	(ਥਿਰੁ) ਸਦਾ ਕਾਇਮ	Thaeraa Sabh Keeaa Thoon Thhir Thheeaa Thudhh Samaan Ko Naahee ||	You created everything; You alone are permanent. Nothing is equal to You.	ਸਾਰਾ ਸੰਸਾਰ ਤੇਰਾ ਹੀ ਬਣਾਇਆ ਹੋਇਆ ਹੈ, (ਭਾਵੇਂ ਇਹ ਸੰਸਾਰ ਤਾਂ ਨਾਸਵੰਤ ਹੈ, ਪਰ) ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੇਰੇ ਬਰਾਬਰ ਦਾ ਹੋਰ ਕੋਈ ਨਹੀਂ ਹੈ।
20009	437	ਤੂੰ ਦਾਤਾ ਸਭ ਜਾਚਿਕ ਤੇਰੇ ਤੁਧੁ ਬਿਨੁ ਕਿਸੁ ਸਾਲਾਹੀ॥		Thoon Dhaathaa Sabh Jaachik Thaerae Thudhh Bin Kis Saalaahee ||	You are the Giver - all are Your beggars; without You, who should we praise?	ਸਾਰੇ ਜੀਵ ਤੇਰੇ (ਦਰ ਦੇ) ਮੰਗਤੇ ਹਨ, ਤੂੰ ਸਭ ਨੂੰ ਦਾਤਾਂ ਦੇਣ ਵਾਲਾ ਹੈਂ, ਮੈਂ ਤੇਰੇ ਬਿਨਾ ਹੋਰ ਕਿਸ ਦੀ ਸਿਫ਼ਤ-ਸਾਲਾਹ ਕਰਾਂ?

20010	437	ਅਣਮੰਗਿਆ ਦਾਨੁ ਦੀਜੈ ਦਾਤੇ ਤੇਰੀ ਭਗਤਿ ਭਰੇ ਭੰਡਾਰਾ॥		Anamangiaa Dhaan Dheejai Dhaathae Thaeree Bhagath Bharae Bhanddaaraa ||	You bestow Your gifts, even when we do not ask for them, O Great Giver; devotion to You is a treasure over-flowing.	ਹੇ ਦਾਤਾਰ! ਤੂੰ ਤਾਂ (ਜੀਵਾਂ ਦੇ) ਮੰਗਣ ਤੋਂ ਬਿਨਾ ਹੀ ਬਖ਼ਸ਼ਸ਼ਾਂ ਕਰੀ ਜਾਂਦਾ ਹੈਂ (ਮੈਨੂੰ ਆਪਣੀ ਭਗਤੀ ਦੀ ਦਾਤ ਦੇਹ) ਭਗਤੀ ਦੀ ਦਾਤ ਨਾਲ ਤੇਰੇ ਖ਼ਜ਼ਾਨੇ ਭਰੇ ਪਏ ਹਨ।
20011	437	ਰਾਮ ਨਾਮ ਬਿਨੁ ਮੁਕਤਿ ਨ ਹੋਈ ਨਾਨਕੁ ਕਹੈ ਵੀਚਾਰਾ॥੪॥੨॥		Raam Naam Bin Mukath N Hoee Naanak Kehai Veechaaraa ||4||2||	Without the Lord's Name, there is no liberation; so says Nanak, the meek. ||4||2||	ਨਾਨਕ ਇਹ ਵਿਚਾਰ ਦੀ ਗੱਲ ਦੱਸਦਾ ਹੈ ਕਿ ਪਰਮਾਤਮਾ ਦੇ ਨਾਮ ਤੋਂ ਬਿਨਾ (ਲੱਭ ਲੋਭ ਕਾਮ ਕ੍ਰੋਧ ਆਦਿਕ ਵਿਕਾਰਾਂ ਤੋਂ) ਖ਼ਲਾਸੀ ਨਹੀਂ ਮਿਲ ਸਕਦੀ ॥੪॥੨॥
20012	437	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	
20013	437	ਮੇਰਾ ਮਨੋ ਮੇਰਾ ਮਨੁ ਰਾਤਾ ਰਾਮ ਪਿਆਰੇ ਰਾਮ॥		Maeraa Mano Maeraa Man Raathaa Raam Piaarae Raam ||	My mind, my mind is attuned to the Love of my Beloved Lord.	(ਗੁਰੂ ਦੀ ਸਰਨ ਪੈ ਕੇ ਸ਼ਬਦ ਵਿਚ ਜੁੜ ਕੇ) ਮੇਰਾ ਮਨ ਉਸ ਪਿਆਰੇ ਪ੍ਰਭੂ ਦੇ ਨਾਮ-ਰੰਗ ਨਾਲ ਰੰਗਿਆ ਗਿਆ ਹੈ,
20014	437	ਸਚੁ ਸਾਹਿਬੋ ਆਦਿ ਪੁਰਖੁ ਅਪਰੰਪਰੋ ਧਾਰੇ ਰਾਮ॥	(ਅਪ-ਰੰਪਰੋ) ਪਰੇ ਤੋਂ ਪਰੇ ਬੇਅੰਤ। (ਧਾਰੇ) ਆਸਰਾ	Sach Saahibo Aadh Purakh Aparanparo Dhhaarae Raam ||	The True Lord Master, the Primal Being, the Infinite One, is the Support of the earth.	ਜੋ ਸਦਾ-ਥਿਰ ਰਹਿਣ ਵਾਲਾ ਹੈ, ਜੋ ਸਭ ਦਾ ਮਾਲਕ ਹੈ ਜੋ ਸਭ ਦਾ ਮੁੱਢ ਹੈ, ਜੋ ਸਭ ਵਿਚ ਵਿਆਪਕ ਹੈ, ਜਿਸ ਤੋਂ ਪਰੇ ਹੋਰ ਕੋਈ ਨਹੀਂ ਤੇ ਜੋ ਸਭ ਨੂੰ ਆਸਰਾ ਦੇਂਦਾ ਹੈ।

20015	437	ਅਗਮ ਅਗੋਚਰੁ ਅਪਰ ਅਪਾਰਾ ਪਾਰਬ੍ਰਹਮੁ ਪਰਧਾਨੋ॥		Agam Agochar Apar Apaaraa Paarabreham Paradhhaano ||	He is unfathomable, unapproachable, infinite and incomparable. He is the Supreme Lord God, the Lord above all.	ਉਹ ਪਰਮਾਤਮਾ ਅਪਹੁੰਚ ਹੈ, ਮੁਨੱਖ ਦੇ ਗਿਆਨ-ਇੰਦ੍ਰਿਆਂ ਦੀ ਉਸ ਤਕ ਪਹੁੰਚ ਨਹੀਂ ਹੋ ਸਕਦੀ, ਉਸ ਤੋਂ ਪਰੇ ਹੋਰ ਕੋਈ ਨਹੀਂ, ਬੇਅੰਤ ਹੈ ਤੇ ਸਭ ਤੋਂ ਵੱਡਾ ਹੈ।
20016	437	ਆਦਿ ਜੁਗਾਦੀ ਹੈ ਭੀ ਹੋਸੀ ਅਵਰੁ ਝੂਠਾ ਸਭੁ ਮਾਨੋ॥		Aadh Jugaadhee Hai Bhee Hosee Avar Jhoothaa Sabh Maano ||	He is the Lord, from the beginning, throughout the ages, now and forevermore; know that all else is false.	ਸ੍ਰਿਸ਼ਟੀ ਦੇ ਸ਼ੁਰੂ ਤੋਂ ਜੁਗਾਂ ਦੇ ਸ਼ਰੂ ਤੋਂ ਚਲਿਆ ਆ ਰਿਹਾ ਹੈ, ਹੁਣ ਭੀ ਮੌਜੂਦ ਹੈ ਸਦਾ ਲਈ ਮੌਜੂਦ ਰਹੇਗਾ। ਹੋਰ ਸਾਰੇ ਸੰਸਾਰ ਨੂੰ ਨਾਸਵੰਤ ਜਾਣੋ।
20017	437	ਕਰਮ ਧਰਮ ਕੀ ਸਾਰ ਨ ਜਾਣੈ ਸੁਰਤਿ ਮੁਕਤਿ ਕਿਉ ਪਾਈਐ॥		Karam Dhharam Kee Saar N Jaanai Surath Mukath Kio Paaeeai ||	If one does not appreciate the value of good deeds and Dharmic faith, how can one obtain clarity of consciousness and liberation?	ਮੇਰਾ ਮਨ ਸ਼ਾਸਤ੍ਰਾਂ ਦੇ ਦੱਸੇ ਹੋਏ ਧਾਰਮਿਕ ਕਰਮਾਂ ਦੀ ਸਾਰ ਨਹੀਂ ਜਾਣਦਾ, ਮੇਰੇ ਮਨ ਨੂੰ ਇਹ ਸੁਰਤਿ ਭੀ ਨਹੀਂ ਹੈ ਕਿ ਮੁਕਤੀ ਕਿਵੇਂ ਮਿਲਦੀ ਹੈ।
20018	437	ਨਾਨਕ ਗੁਰਮੁਖਿ ਸਬਦਿ ਪਛਾਣੈ ਅਹਿ ਨਿਸਿ ਨਾਮੁ ਧਿਆਈਐ॥੧॥		Naanak Guramukh Sabadh Pashhaanai Ahinis Naam Dhhiaaeeai ||1||	O Nanak, the Gurmukh realizes the Word of the Shabad; night and day, he meditates on the Naam, the Name of the Lord. ||1||	ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਮੇਰਾ ਮਨ ਇਹੀ ਪਛਾਣਦਾ ਹੈ ਕਿ ਦਿਨ ਰਾਤ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ ॥੧॥

20019	437	ਮੇਰਾ ਮਨੋ ਮੇਰਾ ਮਨੁ ਮਾਨਿਆ ਨਾਮੁ ਸਖਾਈ ਰਾਮ॥		Maeraa Mano Maeraa Man Maaniaa Naam Sakhaaee Raam ||	My mind, my mind has come to accept, that the Naam is our only Friend.	(ਗੁਰੂ ਦੀ ਸਰਨ ਪੈ ਕੇ) ਮੇਰਾ ਮਨ, ਮੇਰਾ ਮਨ ਮੰਨ ਚੁਕਾ ਹੈ ਕਿ ਪਰਮਾਤਮਾ ਦਾ ਨਾਮ ਹੀ (ਅਸਲ) ਸਾਥੀ ਹੈ,
20020	437	ਹਉਮੈ ਮਮਤਾ ਮਾਇਆ ਸੰਗਿ ਨ ਜਾਈ ਰਾਮ॥		Houmai Mamathaa Maaeiaa Sang N Jaaee Raam ||	Egotism, worldly attachment, and the lures of Maya shall not go with you.	ਮਾਇਆ ਦੀ ਮਮਤਾ ਤੇ ਹਉਮੈ ਮਨੁੱਖ ਦੇ ਨਾਲ ਨਹੀਂ ਜਾਂਦੇ,ਹੇ ਪ੍ਰਭੂ!
20021	437	ਮਾਤਾ ਪਿਤ ਭਾਈ ਸੁਤ ਚਤੁਰਾਈ ਸੰਗਿ ਨ ਸੰਪੈ ਨਾਰੇ॥	(ਸੰਪੈ) ਧਨ ਮਾਲ। (ਨਾਰੇ) ਇਸਤ੍ਰੀ	Maathaa Pith Bhaaee Suth Chathuraaee Sang N Sanpai Naarae ||	Mother, father, famliy, children, cleverness, property and spouses - none of these shall go with you.	ਮਾਂ, ਪਿਉ, ਭਰਾ, ਪੁੱਤਰ, ਧਨ, ਇਸਤ੍ਰੀ, ਦੁਨੀਆ ਵਾਲੀ ਚਤੁਰਾਈ (ਸਦਾ ਲਈ) ਸਾਥੀ ਨਹੀਂ ਬਣ ਸਕਦੇ।
20022	437	ਸਾਇਰ ਕੀ ਪੁਤ੍ਰੀ ਪਰਹਰਿ ਤਿਆਗੀ ਚਰਣ ਤਲੈ ਵੀਚਾਰੇ॥	(ਸਾਇਰ) ਸਮੁੰਦ੍ਰ ਦੀ ਪੁੱਤ੍ਰੀ ਮਾਇਆ। (ਪਰਹਰਿ) ਦੂਰ ਕਰਕੇ। ਤਲੈ-ਪੋਲਾ ਬੋਲੋ	Saaeir Kee Puthree Parehar Thiaagee Charan Thalai Veechaarae ||	I have renounced Maya, the daughter of the ocean; reflecting upon reality, I have trampled it under my feet.	(ਗੁਰੂ ਦੇ ਸ਼ਬਦ ਦੀ ਵਿਚਾਰ ਦੀ ਬਰਕਤਿ ਨਾਲ) ਮੈਂ (ਸਮੁੰਦਰ ਦੀ ਪੁਤ੍ਰੀ) ਮਾਇਆ ਦਾ ਮੋਹ ਉੱਕਾ ਤਿਆਗ ਦਿੱਤਾ ਹੈ, ਤੇ ਇਸ ਨੂੰ ਆਪਣੇ ਪੈਰਾਂ ਹੇਠ ਰੱਖਿਆ ਹੋਇਆ ਹੈ (ਭਾਵ, ਆਪਣੇ ਉਤੇ ਇਸ ਦਾ ਪ੍ਰਭਾਵ ਨਹੀਂ ਪੈਣ ਦੇਂਦਾ)।

20023	437	ਆਦਿ ਪੁਰਖਿ ਇਕੁ ਚਲਤੁ ਦਿਖਾਇਆ ਜਹ ਦੇਖਾ ਤਹ ਸੋਈ॥		Aadh Purakh Eik Chalath Dhikhaaeiaa Jeh Dhaekhaa Theh Soee ||	The Primal Lord has revealed this wondrous show; wherever I look, there I see Him.	(ਮੈਨੂੰ ਇਹ ਨਿਸ਼ਚਾ ਬਣ ਗਿਆ ਹੈ ਕਿ) ਆਦਿ ਪੁਰਖ ਨੇ (ਜਗਤ-ਰੂਪ) ਇਕ ਤਮਾਸ਼ਾ ਵਿਖਾਲ ਦਿੱਤਾ ਹੈ, ਮੈਂ ਜਿਧਰ ਵੇਖਦਾ ਹਾਂ ਉਧਰ ਉਹ ਪਰਮਾਤਮਾ ਹੀ ਮੈਨੂੰ ਦਿੱਸਦਾ ਹੈ।
20024	437	ਨਾਨਕ ਹਰਿ ਕੀ ਭਗਤਿ ਨ ਛੋਡਉ ਸਹਜੇ ਹੋਇ ਸੁ ਹੋਈ॥੨॥		Naanak Har Kee Bhagath N Shhoddo Sehajae Hoe S Hoee ||2||	O Nanak, I shall not forsake the Lord's devotional worship; in the natural course, what shall be, shall be. ||2||	ਹੇ ਨਾਨਕ! (ਆਖ-) ਮੈਂ ਪਰਮਾਤਮਾ ਦੀ ਭਗਤੀ (ਕਦੇ) ਨਹੀਂ ਵਿਸਾਰਦਾ (ਮੈਨੂੰ ਯਕੀਨ ਹੈ ਕਿ) ਜਗਤ ਵਿਚ ਜੋ ਕੁਝ ਹੋ ਰਿਹਾ ਹੈ ਸੁਤੇ ਹੀ ਪ੍ਰਭੂ ਦੀ ਰਜ਼ਾ ਵਿਚ ਹੋ ਰਿਹਾ ਹੈ ॥੨॥
20025	437	ਮੇਰਾ ਮਨੋ ਮੇਰਾ ਮਨੁ ਨਿਰਮਲੁ ਸਾਚੁ ਸਮਾਲੇ ਰਾਮ॥		Maeraa Mano Maeraa Man Niramal Saach Samaalae Raam ||	My mind, my mind has become immaculately pure, contemplating the True Lord.	ਸਦਾ-ਥਿਰ ਪਰਮਾਤਮਾ ਦਾ ਨਾਮ (ਹਿਰਦੇ ਵਿਚ) ਸੰਭਾਲ ਕੇ ਮੇਰਾ ਮਨ, ਮੇਰਾ ਮਨ ਪਵਿਤ੍ਰ ਹੋ ਗਿਆ ਹੈ।
20026	437	ਅਵਗਣ ਮੇਟਿ ਚਲੇ ਗੁਣ ਸੰਗਮ ਨਾਲੇ ਰਾਮ॥	ਚੱਲੇ	Avagan Maett Chalae Gun Sangam Naalae Raam ||	I have dispelled my vices, and now I walk in the company of the virtuous.	(ਜੀਵਨ-ਪੰਧ ਵਿਚ) ਮੈਂ ਔਗੁਣ (ਆਪਣੇ ਅੰਦਰੋਂ) ਮਿਟਾ ਕੇ ਤੁਰ ਰਿਹਾ ਹਾਂ, ਮੇਰੇ ਨਾਲ ਗੁਣਾਂ ਦਾ ਸਾਥ ਬਣ ਗਿਆ ਹੈ।

20027	437	ਅਵਗਣ ਪਰਹਰਿ ਕਰਣੀ ਸਾਰੀ ਦਰਿ ਸਚੈ ਸਚਿਆਰੋ॥		Avagan Parehar Karanee Saaree Dhar Sachai Sachiaaro ||	Discarding my vices, I do good deeds, and in the True Court, I am judged as true.	ਜੇਹੜਾ ਮਨੁੱਖ ਗੁਰੂ ਦੀ ਰਾਹੀਂ ਔਗੁਣ ਤਿਆਗ ਕੇ (ਨਾਮ-ਸਿਮਰਨ ਦੀ) ਸ੍ਰੇਸ਼ਟ ਕਰਣੀ ਕਰਦਾ ਹੈ ਉਹ ਸਦਾ-ਥਿਰ ਪ੍ਰਭੂ ਦੇ ਦਰ ਤੇ ਸੱਚਾ ਮੰਨਿਆ ਜਾਂਦਾ ਹੈ।
20028	437	ਆਵਣੁ ਜਾਵਣੁ ਠਾਕਿ ਰਹਾਏ ਗੁਰਮੁਖਿ ਤਤੁ ਵੀਚਾਰੋ॥		Aavan Jaavan Thaak Rehaaeae Guramukh Thath Veechaaro ||	My coming and going has come to an end; as Gurmukh, I reflect upon the nature of reality.	ਉਹ ਮਨੁੱਖ ਆਪਣਾ ਜਨਮ ਮਰਣ ਦਾ ਗੇੜ ਮੁਕਾ ਲੈਂਦਾ ਹੈ, ਉਹ ਜਗਤ ਦੇ ਮੂਲ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਈ ਰੱਖਦਾ ਹੈ।
20029	437	ਸਾਜਨੁ ਮੀਤੁ ਸੁਜਾਣੁ ਸਖਾ ਤੂੰ ਸਚਿ ਮਿਲੈ ਵਡਿਆਈ॥		Saajan Meeth Sujaan Sakhaa Thoon Sach Milai Vaddiaaee ||	O my Dear Friend, You are my all-knowing companion; grant me the glory of Your True Name.	ਹੇ ਪ੍ਰਭੂ! ਤੂੰ ਹੀ ਮੇਰਾ ਸੱਜਣ ਹੈਂ ਤੂੰ ਹੀ ਮੇਰਾ ਮਿੱਤਰ ਹੈਂ ਤੂੰ ਹੀ ਮੇਰੇ ਦਿਲ ਦੀ ਜਾਣਨ ਵਾਲਾ ਸਾਥੀ ਹੈਂ। ਤੇਰੇ ਸਦਾ-ਥਿਰ ਨਾਮ ਵਿਚ ਜੁੜਿਆਂ (ਤੇਰੇ ਦਰ ਤੇ) ਆਦਰ ਮਿਲਦਾ ਹੈ।
20030	437	ਨਾਨਕ ਨਾਮੁ ਰਤਨੁ ਪਰਗਾਸਿਆ ਐਸੀ ਗੁਰਮਤਿ ਪਾਈ॥੩॥		Naanak Naam Rathan Paragaasiaa Aisee Guramath Paaee ||3||	O Nanak, the jewel of the Naam has been revealed to me; such are the Teachings I have received from the Guru. ||3||	ਹੇ ਨਾਨਕ! (ਆਖ-) ਮੈਨੂੰ ਗੁਰੂ ਦੀ ਅਜੇਹੀ ਮਤਿ ਪ੍ਰਾਪਤ ਹੋਈ ਹੈ ਕਿ ਮੇਰੇ ਹਿਰਦੇ ਵਿਚ ਪਰਮਾਤਮਾ ਦਾ ਸ੍ਰੇਸ਼ਟ ਨਾਮ ਪ੍ਰਗਟ ਹੋ ਗਿਆ ਹੈ ॥੩॥

20031	437	ਸਚੁ ਅੰਜਨੋ ਅੰਜਨੁ ਸਾਰਿ ਨਿਰੰਜਨਿ ਰਾਤਾ ਰਾਮ॥	(ਅੰਜਨੋ) ਸੁਰਮਾ। (ਸਾਰਿ) ਪਾਇਆ	Sach Anjano Anjan Saar Niranjan Raathaa Raam ||	I have carefully applied the healing ointment to my eyes, and I am attuned to the Immaculate Lord.	(ਪ੍ਰਭੂ ਦੇ ਗਿਆਨ ਦਾ) ਸੁਰਮਾ ਪਾ ਕੇ ਮੇਰਾ ਮਨ ਮਾਇਆ-ਰਹਿਤ ਪਰਮਾਤਮਾ ਦੇ ਨਾਮ ਵਿਚ ਰੰਗਿਆ ਗਿਆ ਹੈ।
20032	437	ਮਨਿ ਤਨਿ ਰਵਿ ਰਹਿਆ ਜਗਜੀਵਨੋ ਦਾਤਾ ਰਾਮ॥	ਜੱਗਜੀਵਨੋ	Man Than Rav Rehiaa Jagajeevano Dhaathaa Raam ||	He is permeating my mind and body, the Life of the world, the Lord, the Great Giver.	ਜਗਤ ਦਾ ਜੀਵਨ ਤੇ ਸਭ ਦਾਤਾਂ ਦੇਣ ਵਾਲਾ ਪ੍ਰਭੂ ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਹਰ ਵੇਲੇ ਮੌਜੂਦ ਰਹਿੰਦਾ ਹੈ।
20033	437	ਜਗਜੀਵਨੁ ਦਾਤਾ ਹਰਿ ਮਨਿ ਰਾਤਾ ਸਹਜਿ ਮਿਲੈ ਮੇਲਾਇਆ॥		Jagajeevan Dhaathaa Har Man Raathaa Sehaj Milai Maelaaeiaa ||	My mind is imbued with the Lord, the Great Giver, the Life of the world; I have merged and blended with Him, with intuitive ease.	(ਗੁਰੂ ਦੀ ਰਾਹੀਂ) ਜਗਤ ਦਾ ਜੀਵਨ ਤੇ ਸਭ ਨੂੰ ਦਾਤਾਂ ਦੇਣ ਵਾਲਾ ਪਰਮਾਤਮਾ ਮਨ ਵਿਚ ਵੱਸ ਪੈਂਦਾ ਹੈ, ਮਨ ਉਸ ਦੇ ਨਾਮ-ਰੰਗ ਨਾਲ ਰੰਗਿਆ ਜਾਂਦਾ ਹੈ ਤੇ ਮਨ ਆਤਮਕ ਅਡੋਲਤਾ ਵਿਚ ਟਿਕ ਜਾਂਦਾ ਹੈ।
20034	437	ਸਾਧ ਸਭਾ ਸੰਤਾ ਕੀ ਸੰਗਤਿ ਨਦਰਿ ਪ੍ਰਭੂ ਸੁਖੁ ਪਾਇਆ॥	ਸਭਾ:ਪੋਲਾ ਬੋਲੋ	Saadhh Sabhaa Santhaa Kee Sangath Nadhar Prabhoo Sukh Paaeiaa ||	In the Company of the Holy, and the Saints' Society, by God's Grace, peace is obtained.	ਗੁਰਮੁਖਾਂ ਦੀ ਸੰਗਤਿ ਵਿਚ ਰਿਹਾਂ ਪਰਮਾਤਮਾ ਦੀ ਮੇਹਰ ਦੀ ਨਿਗਾਹ ਨਾਲ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ।

20035	437	ਹਰਿ ਕੀ ਭਗਤਿ ਰਤੇ ਬੈਰਾਗੀ ਚੂਕੇ ਮੋਹ ਪਿਆਸਾ॥		Har Kee Bhagath Rathae Bairaagee Chookae Moh Piaasaa ||	The renunciates remain absorbed in devotional worship to the Lord; they are rid of emotional attachment and desire.	ਜਿਨ੍ਹਾਂ ਦੇ ਅੰਦਰੋਂ ਮੋਹ ਤੇ ਤ੍ਰਿਸ਼ਨਾ ਮੁੱਕ ਜਾਂਦੇ ਹਨ, ਜੋ ਹਉਮੈ ਨੂੰ ਮਾਰ ਕੇ ਪਰਮਾਤਮਾ ਦੇ ਨਾਮ ਵਿਚ ਹੀ ਸਦਾ ਗਿੱਝੇ ਰਹਿੰਦੇ ਹਨ,
20036	437	ਨਾਨਕ ਹਉਮੈ ਮਾਰਿ ਪਤੀਣੇ ਵਿਰਲੇ ਦਾਸ ਉਦਾਸਾ॥੪॥੩॥		Naanak Houmai Maar Patheenae Viralae Dhaas Oudhaasaa ||4||3||	O Nanak, how rare is that unattached servant, who conquers his ego, and remains pleased with the Lord. ||4||3||	ਤੇ ਜੇਹੜੇ ਪਰਮਾਤਮਾ ਦੀ ਭਗਤੀ ਦੇ ਰੰਗ ਵਿਚ ਰੰਗੀਜ ਕੇ ਮਾਇਆ ਦੇ ਮੋਹ ਨਾਲੋਂ ਨਿਰਲੇਪ ਰਹਿੰਦੇ ਹਨ, ਜਗਤ ਵਿਚ ਅਜੇਹੇ ਵਿਰਲੇ ਬੰਦੇ ਹਨ, ਹੇ ਨਾਨਕ! ॥੪॥੩॥
20037	438	ਰਾਗੁ ਆਸਾ ਮਹਲਾ ੧ ਛੰਤ ਘਰੁ ੨		Raag Aasaa Mehalaa 1 Shhanth Ghar 2	Raag Aasaa, First Mehl, Chhant, Second House:	ਰਾਗ ਆਸਾ, ਘਰ ੨ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਛੰਤ'।
20038	438	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

20039	438	ਤੂੰ ਸਭਨੀ ਥਾਈ ਜਿਥੈ ਹਉ ਜਾਈ ਸਾਚਾ ਸਿਰਜਣਹਾਰੁ ਜੀਉ॥	ਥਾਂਈਂ	Thoon Sabhanee Thhaaee Jithhai Ho Jaaee Saachaa Sirajanehaar Jeeo ||	You are everywhere, wherever I go, O True Creator Lord.	ਹੇ ਪ੍ਰਭੂ! ਮੈਂ ਜਿੱਥੇ ਭੀ ਜਾਂਦਾ ਹਾਂ ਤੂੰ ਸਭ ਥਾਂਈਂ ਮੌਜੂਦ ਹੈਂ, ਤੂੰ ਸਦਾ-ਥਿਰ ਰਹਿਣ ਵਾਲਾ ਹੈਂ, ਤੂੰ ਸਾਰੇ ਜਗਤ ਨੂੰ ਪੈਦਾ ਕਰਨ ਵਾਲਾ ਹੈਂ।
20040	438	ਸਭਨਾ ਕਾ ਦਾਤਾ ਕਰਮ ਬਿਧਾਤਾ ਦੂਖ ਬਿਸਾਰਣਹਾਰੁ ਜੀਉ॥		Sabhanaa Kaa Dhaathaa Karam Bidhhaathaa Dhookh Bisaaranehaar Jeeo ||	You are the Giver of all, the Architect of Destiny, the Dispeller of distress.	ਤੂੰ ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਪੈਦਾ ਕਰਨ ਵਾਲਾ ਹੈਂ ਤੇ ਸਭ ਦੁੱਖਾਂ ਦਾ ਨਾਸ ਕਰਨ ਵਾਲਾ ਹੈਂ।
20041	438	ਦੂਖ ਬਿਸਾਰਣਹਾਰੁ ਸੁਆਮੀ ਕੀਤਾ ਜਾ ਕਾ ਹੋਵੈ॥		Dhookh Bisaaranehaar Suaamee Keethaa Jaa Kaa Hovai ||	The Lord Master is the Dispeller of distress; all that happens is by His doing.	ਜਿਸ ਪ੍ਰਭੂ ਦਾ ਕੀਤਾ ਹੀ ਸਭ ਕੁਝ ਹੁੰਦਾ ਹੈ ਉਹ ਸਭ ਦਾ ਮਾਲਕ ਹੈ ਉਹ ਸਭ ਦੇ ਦੁੱਖ ਨਾਸ ਕਰਨ ਦੇ ਸਮਰੱਥ ਹੈ।
20042	438	ਕੋਟ ਕੋਟੰਤਰ ਪਾਪਾ ਕੇਰੇ ਏਕ ਘੜੀ ਮਹਿ ਖੋਵੈ॥	(ਕੇਰੇ) ਦੇ	Kott Kottanthar Paapaa Kaerae Eaek Gharree Mehi Khovai ||	Millions upon millions of sins, He destroys in an instant.	ਜੀਵਾਂ ਦੇ ਪਾਪਾਂ ਦੇ ਢੇਰਾਂ ਦੇ ਢੇਰ ਇਕ ਪਲਕ ਵਿਚ ਨਾਸ ਕਰ ਦੇਂਦਾ ਹੈ।

20043	438	ਹੰਸ ਸਿ ਹੰਸਾ ਬਗ ਸਿ ਬਗਾ ਘਟ ਘਟ ਕਰੇ ਬੀਚਾਰੁ ਜੀਉ॥	ਬੱਗ ਬੱਗਾ	Hans S Hansaa Bag S Bagaa Ghatt Ghatt Karae Beechaar Jeeo ||	He calls a swan a swan, and a crane a crane; He contemplates each and every heart.	ਜੀਵ ਭਾਵੇਂ ਸ੍ਰੇਸ਼ਟ ਤੋਂ ਸ੍ਰੇਸ਼ਟ ਹੋਣ ਭਾਵੇਂ ਨਿਖਿੱਧ ਤੋਂ ਨਿਖਿੱਧ ਹੋਣ, ਪ੍ਰਭੂ ਹਰੇਕ ਦੀ ਸੰਭਾਲ ਕਰਦਾ ਹੈ।
20044	438	ਤੂੰ ਸਭਨੀ ਥਾਈ ਜਿਥੈ ਹਉ ਜਾਈ ਸਾਚਾ ਸਿਰਜਣਹਾਰੁ ਜੀਉ॥੧॥	ਥਾਂਈਂ	Thoon Sabhanee Thhaaee Jithhai Ho Jaaee Saachaa Sirajanehaar Jeeo ||1||	You are everywhere, wherever I go, O True Creator Lord. ||1||	ਹੇ ਪ੍ਰਭੂ! ਮੈਂ ਜਿਥੇ ਭੀ ਜਾਂਦਾ ਹਾਂ, ਤੂੰ ਹਰ ਥਾਂ ਮੌਜੂਦ ਹੈਂ ਤੂੰ ਸਦਾ-ਥਿਰ ਰਹਿਣ ਵਾਲਾ ਹੈਂ, ਤੂੰ ਸਭ ਦਾ ਪੈਦਾ ਕਰਨ ਵਾਲਾ ਹੈਂ ॥੧॥
20045	438	ਜਿਨ੍ ਇਕ ਮਨਿ ਧਿਆਇਆ ਤਿਨ੍ ਸੁਖੁ ਪਾਇਆ ਤੇ ਵਿਰਲੇ ਸੰਸਾਰਿ ਜੀਉ॥		Jinh Eik Man Dhhiaaeiaa Thinh Sukh Paaeiaa Thae Viralae Sansaar Jeeo ||	Those who meditate on Him single-mindedly obtain peace; how rare are they in this world.	ਜਿਨ੍ਹਾਂ ਮਨੁੱਖਾਂ ਨੇ ਇਕਾਗਰ ਹੋ ਕੇ ਪ੍ਰਭੂ ਨੂੰ ਸਿਮਰਿਆ ਹੈ ਉਹਨਾਂ ਨੇ ਆਤਮਕ ਆਨੰਦ ਮਾਣਿਆ ਹੈ, ਪਰ ਅਜੇਹੇ ਬੰਦੇ ਸੰਸਾਰ ਵਿਚ ਵਿਰਲੇ ਵਿਰਲੇ ਹਨ।

20046	438	ਤਿਨ ਜਮੁ ਨੇੜਿ ਨ ਆਵੈ ਗੁਰ ਸਬਦੁ ਕਮਾਵੈ ਕਬਹੁ ਨ ਆਵਹਿ ਹਾਰਿ ਜੀਉ॥		Thin Jam Naerr N Aavai Gur Sabadh Kamaavai Kabahu N Aavehi Haar Jeeo ||	The Messenger of Death does not draw near those who live the Guru's Teachings; they never return defeated.	ਜੇਹੜਾ ਜੇਹੜਾ ਬੰਦਾ ਗੁਰੂ ਦਾ ਸ਼ਬਦ ਕਮਾਂਦਾ ਹੈ (ਭਾਵ ਗੁਰੂ ਦੇ ਸ਼ਬਦ ਅਨੁਸਾਰ ਜੀਵਨ ਬਣਾਂਦਾ ਹੈ) ਜਮ ਉਹਨਾਂ ਦੇ ਨੇੜੇ ਨਹੀਂ ਢੁਕਦਾ (ਉਹਨਾਂ ਨੂੰ ਮੌਤ ਦਾ ਡਰ ਪੋਹ ਨਹੀਂ ਸਕਦਾ) ਉਹ ਕਦੇ ਭੀ ਮਨੁੱਖਾ ਜਨਮ ਦੀ ਬਾਜ਼ੀ ਹਾਰ ਕੇ ਨਹੀਂ ਆਉਂਦੇ।
20047	438	ਤੇ ਕਬਹੁ ਨ ਹਾਰਹਿ ਹਰਿ ਹਰਿ ਗੁਣ ਸਾਰਹਿ ਤਿਨ੍ ਜਮੁ ਨੇੜਿ ਨ ਆਵੈ॥	(ਸਾਰਹਿ) ਸੰਭਾਲਦੇ	Thae Kabahu N Haarehi Har Har Gun Saarehi Thinh Jam Naerr N Aavai ||	Those who appreciate the Glorious Praises of the Lord, Har, Har, never suffer defeat; the Messenger of Death does not even approach them.	ਜੇਹੜੇ ਮਨੁੱਖ ਪਰਮਾਤਮਾ ਦੇ ਗੁਣ ਹਿਰਦੇ ਵਿਚ ਵਸਾਂਦੇ ਹਨ, ਉਹ (ਵਿਕਾਰਾਂ ਦੇ ਟਾਕਰੇ ਤੇ) ਕਦੇ ਹਾਰਦੇ ਨਹੀਂ, ਆਤਮਕ ਮੌਤ ਉਹਨਾਂ ਦੇ ਨੇੜੇ ਨਹੀਂ ਢੁਕਦੀ।
20048	438	ਜੰਮਣੁ ਮਰਣੁ ਤਿਨ੍ਾ ਕਾ ਚੂਕਾ ਜੋ ਹਰਿ ਲਾਗੇ ਪਾਵੈ॥	(ਪਾਵੈ) ਚਰਨੀਂ	Janman Maran Thinhaa Kaa Chookaa Jo Har Laagae Paavai ||	Birth and death are ended for those who are attached to the feet of the Lord.	ਜੇਹੜੇ ਬੰਦੇ ਪਰਮਾਤਮਾ ਦੀ ਚਰਨੀਂ ਲੱਗਦੇ ਹਨ ਉਹਨਾਂ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।

20049	438	ਗੁਰਮਤਿ ਹਰਿ ਰਸੁ ਹਰਿ ਫਲੁ ਪਾਇਆ ਹਰਿ ਹਰਿ ਨਾਮੁ ਉਰ ਧਾਰਿ ਜੀਉ॥		Guramath Har Ras Har Fal Paaeiaa Har Har Naam Our Dhhaar Jeeo ||	Through the Guru's Teachings, they obtain the sublime essence of the Lord, and the fruit of the Lord; they enshrine the Name of the Lord, Har, Har, in their hearts.	ਗੁਰੂ ਦੀ ਮਤਿ ਲੈ ਕੇ ਜਿਨ੍ਹਾਂ ਨੇ ਪ੍ਰਭੂ-ਨਾਮ ਦਾ ਰਸ ਚੱਖਿਆ ਹੈ, ਨਾਮ-ਫਲ ਪ੍ਰਾਪਤ ਕੀਤਾ ਹੈ, ਪ੍ਰਭੂ ਦਾ ਨਾਮ ਹਿਰਦੇ ਵਿਚ ਟਿਕਾਇਆ ਹੈ,
20050	438	ਜਿਨ੍ਹ ਇਕ ਮਨਿ ਧਿਆਇਆ ਤਿਨ੍ਹ ਸੁਖੁ ਪਾਇਆ ਤੇ ਵਿਰਲੇ ਸੰਸਾਰਿ ਜੀਉ॥੨॥		Jinh Eik Man Dhhiaaeiaa Thinh Sukh Paaeiaa Thae Viralae Sansaar Jeeo ||2||	Those who meditate on Him single-mindedly obtain peace; how rare are they in this world. ||2||	ਇਕਾਗਰ ਹੋ ਕੇ ਪ੍ਰਭੂ ਨੂੰ ਸਿਮਰਿਆ ਹੈ ਉਹਨਾਂ ਨੇ ਆਤਮਕ ਆਨੰਦ ਮਾਣਿਆ ਹੈ। ਪਰ ਅਜੇਹੇ ਬੰਦੇ ਜਗਤ ਵਿਚ ਵਿਰਲੇ ਵਿਰਲੇ ਹੀ ਹਨ ॥੨॥
20051	438	ਜਿਨਿ ਜਗਤੁ ਉਪਾਇਆ ਧੰਧੈ ਲਾਇਆ ਤਿਸੈ ਵਿਟਹੁ ਕੁਰਬਾਣੁ ਜੀਉ॥	ਜੱਗਤੁ	Jin Jagath Oupaaeiaa Dhhandhhai Laaeiaa Thisai Vittahu Kurabaan Jeeo ||	He who created the world and assigned all to their tasks - unto Him I am a sacrifice.	ਮੈਂ ਉਸ ਪ੍ਰਭੂ ਤੋਂ ਸਦਕੇ ਹਾਂ ਜਿਸ ਨੇ ਜਗਤ ਪੈਦਾ ਕੀਤਾ ਹੈ ਤੇ ਇਸ ਨੂੰ ਮਾਇਆ ਦੀ ਦੌੜ-ਭੱਜ ਵਿਚ ਲਾ ਦਿਤਾ ਹੈ।

20052	438	ਤਾ ਕੀ ਸੇਵ ਕਰੀਜੈ ਲਾਹਾ ਲੀਜੈ ਹਰਿ ਦਰਗਹ ਪਾਈਐ ਮਾਣੁ ਜੀਉ॥		Thaa Kee Saev Kareejai Laahaa Leejai Har Dharageh Paaeeai Maan Jeeo ||	So serve Him, and gather profit, and you shall obtain honor in the Court of the Lord.	ਉਸ ਪ੍ਰਭੂ ਦੀ ਸੇਵਾ ਭਗਤੀ ਕਰਨੀ ਚਾਹੀਦੀ ਹੈ, ਇਹੀ ਲਾਭ ਜਗਤ ਵਿਚੋਂ ਖੱਟਣਾ ਚਾਹੀਦਾ ਹੈ, (ਇਸ ਤਰ੍ਹਾਂ) ਪ੍ਰਭੂ ਦੀ ਦਰਗਾਹ ਵਿਚ ਆਦਰ ਮਿਲਦਾ ਹੈ।
20053	438	ਹਰਿ ਦਰਗਹ ਮਾਨੁ ਸੋਈ ਜਨੁ ਪਾਵੈ ਜੋ ਨਰੁ ਏਕੁ ਪਛਾਣੈ॥		Har Dharageh Maan Soee Jan Paavai Jo Nar Eaek Pashhaanai ||	That humble being, who recognizes the One Lord alone, obtains honor in the Court of the Lord.	ਉਹੀ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਪਾਂਦਾ ਹੈ ਜੇਹੜਾ ਇਕ ਪਰਮਾਤਮਾ ਨੂੰ (ਆਪਣੇ ਅੰਗ-ਸੰਗ) ਪਛਾਣਦਾ ਹੈ।
20054	438	ਓਹੁ ਨਵ ਨਿਧਿ ਪਾਵੈ ਗੁਰਮਤਿ ਹਰਿ ਧਿਆਵੈ ਨਿਤ ਹਰਿ ਗੁਣ ਆਖਿ ਵਖਾਣੈ॥		Ouhu Nav Nidhh Paavai Guramath Har Dhhiaavai Nith Har Gun Aakh Vakhaanai ||	One who meditates on the Lord, through the Guru's Teachings, obtains the nine treasures; he chants and repeats continually the Glorious Praises of the Lord.	ਜੇਹੜਾ ਮਨੁੱਖ ਗੁਰੂ ਦੀ ਮਤਿ ਲੈ ਕੇ ਪ੍ਰਭੂ ਦਾ ਸਿਮਰਨ ਕਰਦਾ ਹੈ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ ਉਹ (ਮਾਨੋ) ਜਗਤ ਦੇ ਨੌ ਹੀ ਖ਼ਜ਼ਾਨੇ ਹਾਸਲ ਕਰਦਾ ਹੈ।
20055	438	ਅਹਿ ਨਿਸਿ ਨਾਮੁ ਤਿਸੈ ਕਾ ਲੀਜੈ ਹਰਿ ਊਤਮੁ ਪੁਰਖੁ ਪਰਧਾਨੁ ਜੀਉ॥		Ahinis Naam Thisai Kaa Leejai Har Ootham Purakh Paradhhaan Jeeo ||	Day and night, take the Naam, the Name of the Lord, the most sublime Primal Being.	ਦਿਨ ਰਾਤ ਉਸ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ ਜੋ ਸਭ ਤੋਂ ਸ੍ਰੇਸ਼ਟ ਹੈ ਜੋ ਸਭ ਵਿਚ ਵਿਆਪਕ ਹੈ ਜੋ ਸਭ ਤੋਂ ਵੱਡਾ ਹੈ।

20056	438	ਜਿਨਿ ਜਗਤੁ ਉਪਾਇਆ ਧੰਧੈ ਲਾਇਆ ਹਉ ਤਿਸੈ ਵਿਟਹੁ ਕੁਰਬਾਨੁ ਜੀਉ॥੩॥	ਜੱਗਤੁ	Jin Jagath Oupaaeiaa Dhhandhhai Laaeiaa Ho Thisai Vittahu Kurabaan Jeeo ||3||	The One who created the world and assigned all to their tasks - I am a sacrifice to Him. ||3||	ਮੈਂ ਉਸ ਪਰਮਾਤਮਾ ਤੋਂ ਸਦਕੇ ਜਾਂਦਾ ਹਾਂ ਜਿਸ ਨੇ ਜਗਤ ਪੈਦਾ ਕੀਤਾ ਹੈ ਤੇ ਇਸ ਨੂੰ ਮਾਇਆ ਦੀ ਦੌੜ-ਭੱਜ ਵਿਚ ਲਾ ਰੱਖਿਆ ਹੈ ॥੩॥
20057	438	ਨਾਮੁ ਲੈਨਿ ਸਿ ਸੋਹਹਿ ਤਿਨ ਸੁਖ ਫਲ ਹੋਵਹਿ ਮਾਨਹਿ ਸੇ ਜਿਣਿ ਜਾਹਿ ਜੀਉ॥	ਸੋਹ-ਹਿ। (ਜਿਣਿ) ਜਿੱਤ।	Naam Lain S Sohehi Thin Sukh Fal Hovehi Maanehi Sae Jin Jaahi Jeeo ||	Those who chant the Naam look beautiful; they obtain the fruit of peace. Those who believe in the Name win the game of life.	ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ ਉਹ (ਲੋਕ ਪਰਲੋਕ ਵਿਚ) ਸੋਭਾ ਪਾਂਦੇ ਹਨ, ਉਹਨਾਂ ਨੂੰ ਆਤਮਕ ਆਨੰਦ-ਰੂਪ ਫਲ ਮਿਲਦਾ ਹੈ, (ਹਰ ਥਾਂ) ਆਦਰ ਪਾਂਦੇ ਹਨ, ਉਹ (ਮਨੁੱਖਾ-ਜਨਮ ਦੀ ਬਾਜ਼ੀ) ਜਿੱਤ ਕੇ (ਇਥੋਂ) ਜਾਂਦੇ ਹਨ।
20058	438	ਤਿਨ ਫਲ ਤੋਟਿ ਨ ਆਵੈ ਜਾ ਤਿਸੁ ਭਾਵੈ ਜੇ ਜੁਗ ਕੇਤੇ ਜਾਹਿ ਜੀਉ॥	ਜੁੱਗ	Thin Fal Thott N Aavai Jaa This Bhaavai Jae Jug Kaethae Jaahi Jeeo ||	Their blessings are not exhausted, if it pleases the Lord, even though numerous ages may pass.	ਉਹਨਾਂ ਨੂੰ (ਆਤਮਕ ਸੁਖ ਦਾ) ਫਲ ਇਤਨਾ ਮਿਲਦਾ ਹੈ ਕਿ ਪਰਮਾਤਮਾ ਦੀ ਰਜ਼ਾ ਅਨੁਸਾਰ ਉਹ ਕਦੇ ਭੀ ਘਟਦਾ ਨਹੀਂ ਚਾਹੇ ਅਨੇਕਾਂ ਜੁਗ ਬੀਤ ਜਾਣ।

20059	438	ਜੇ ਜੁਗ ਕੇਤੇ ਜਾਹਿ ਸੁਆਮੀ ਤਿਨ ਫਲ ਤੋਟਿ ਨ ਆਵੈ॥		Jae Jug Kaethae Jaahi Suaamee Thin Fal Thott N Aavai ||	Even though numerous ages may pass, O Lord Master, their blessings are not exhausted.	ਹੇ ਪ੍ਰਭੂ-ਸੁਆਮੀ! ਚਾਹੇ ਅਨੇਕਾਂ ਹੀ ਜੁਗ ਬੀਤ ਜਾਣ ਸਿਮਰਨ ਕਰਨ ਵਾਲਿਆਂ ਨੂੰ ਆਤਮਕ ਆਨੰਦ ਦਾ ਮਿਲਿਆ ਫਲ ਕਦੇ ਭੀ ਘਟਦਾ ਨਹੀਂ।
20060	438	ਤਿਨ੍ ਜਰਾ ਨ ਮਰਣਾ ਨਰਕਿ ਨ ਪਰਣਾ ਜੋ ਹਰਿ ਨਾਮੁ ਧਿਆਵੈ॥	(ਜਰਾ) ਬੁਢੇਪਾ	Thinh Jaraa N Maranaa Narak N Paranaa Jo Har Naam Dhhiaavai ||	They do not age, they do not die and fall into hell, if they meditate on the Naam, the Name of the Lord.	ਜੇਹੜਾ ਜੇਹੜਾ ਬੰਦਾ ਹਰੀ ਦਾ ਨਾਮ ਸਿਮਰਦਾ ਹੈ ਉਹਨਾਂ ਨੂੰ ਪ੍ਰਾਪਤ ਹੋਈ ਉੱਚੀ ਆਤਮਕ ਅਵਸਥਾ ਨੂੰ ਨਾਹ ਬੁਢੇਪਾ ਆਉਂਦਾ ਹੈ ਨਾਹ ਮੌਤ ਆਉਂਦੀ ਹੈ, ਉਹ ਕਦੇ ਨਰਕ ਵਿਚ ਨਹੀਂ ਪੈਂਦੇ।
20061	438	ਹਰਿ ਹਰਿ ਕਰਹਿ ਸਿ ਸੂਕਹਿ ਨਾਹੀ ਨਾਨਕ ਪੀੜ ਨ ਖਾਹਿ ਜੀਉ॥	(ਸੂਕਹਿ) ਸੁੱਕਦੇ	Har Har Karehi S Sookehi Naahee Naanak Peerr N Khaahi Jeeo ||	Those who chant the Lord's Name, Har, Har, do not wither, O Nanak; they are not afflicted by pain.	ਹੇ ਨਾਨਕ! ਜੇਹੜੇ ਬੰਦੇ ਪਰਮਾਤਮਾ ਦਾ ਸਿਮਰਨ ਕਰਦੇ ਹਨ ਉਹ ਕਦੇ ਸੁੱਕਦੇ ਨਹੀਂ ਹਨ (ਭਾਵ, ਉਹਨਾਂ ਦਾ ਅੰਦਰਲਾ ਆਤਮਕ ਖੇੜਾ ਕਦੇ ਸੁੱਕਦਾ ਨਹੀਂ) ਉਹ ਕਦੇ ਦੁੱਖੀ ਨਹੀਂ ਹੁੰਦੇ।
20062	438	ਨਾਮੁ ਲੈਨ੍ਹਿ ਸਿ ਸੋਹਹਿ ਤਿਨ੍ ਸੁਖ ਫਲ ਹੋਵਹਿ ਮਾਨਹਿ ਸੇ ਜਿਣਿ ਜਾਹਿ ਜੀਉ॥੪॥੧॥੪॥	(ਜਿਣਿ) ਜਿੱਤ	Naam Lainih S Sohehi Thinh Sukh Fal Hovehi Maanehi Sae Jin Jaahi Jeeo ||4||1||4||	Those who chant the Naam look beautiful; they obtain the fruit of peace. Those who believe in the Name win the game of life. ||4||1||4||	ਜੇਹੜੇ ਮਨੁੱਖ ਨਾਮ ਸਿਮਰਦੇ ਹਨ ਉਹ (ਲੋਕ- ਪਰਲੋਕ ਵਿਚ) ਸੋਭਾ ਪਾਂਦੇ ਹਨ, ਉਹਨਾਂ ਨੂੰ ਆਤਮਕ ਆਨੰਦ-ਰੂਪ ਫਲ ਮਿਲਦਾ ਹੈ, ਉਹ (ਹਰ ਥਾਂ) ਆਦਰ ਪਾਂਦੇ ਹਨ, ਉਹ (ਮਨੁੱਖਾ ਜਨਮ ਦੀ ਬਾਜ਼ੀ) ਜਿੱਤ ਕੇ (ਇਥੋਂ) ਜਾਂਦੇ ਹਨ ॥੪॥੧॥੪॥

20063	438	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
20064	438	ਆਸਾ ਮਹਲਾ ੧ ਛੰਤ ਘਰੁ ੩॥		Aasaa Mehalaa 1 Shhanth Ghar 3 ||	Aasaa, First Mehl, Chhant, Third House:	ਰਾਗ ਆਸਾ, ਘਰ ੩ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਛੰਤ'।
20065	438	ਤੂੰ ਸੁਣਿ ਹਰਣਾ ਕਾਲਿਆ ਕੀ ਵਾੜੀਐ ਰਾਤਾ ਰਾਮ॥	(ਵਾੜੀਐ) ਬਗੀਚੇ ਸੰਸਾਰ ਚ। ਰੱਾਤਾ	Thoon Sun Haranaa Kaaliaa Kee Vaarreeai Raathaa Raam ||	Listen, O black deer: why are you so attached to the orchard of passion?	ਹੇ ਕਾਲੇ ਹਰਣ! (ਹੇ ਕਾਲੇ ਹਰਣ ਵਾਂਗ ਸੰਸਾਰ-ਬਨ ਵਿਚ ਬੇ-ਪਰਵਾਹ ਹੋ ਕੇ ਚੁੰਗੀਆਂ ਮਾਰਨ ਵਾਲੇ ਮਨ!) ਤੂੰ (ਮੇਰੀ ਗੱਲ) ਸੁਣ! ਤੂੰ ਇਸ (ਜਗਤ-) ਫੁਲਵਾੜੀ ਵਿਚ ਕਿਉਂ ਮਸਤ ਹੋ ਰਿਹਾ ਹੈਂ?
20066	438	ਬਿਖੁ ਫਲੁ ਮੀਠਾ ਚਾਰਿ ਦਿਨ ਫਿਰਿ ਹੋਵੈ ਤਾਤਾ ਰਾਮ॥	(ਬਿਖੁ) ਜ਼ਹਰ। (ਤੱਾਤਾ) ਤੱਤਾ	Bikh Fal Meethaa Chaar Dhin Fir Hovai Thaathaa Raam ||	The fruit of sin is sweet for only a few days, and then it grows hot and bitter.	(ਇਸ ਫੁਲਵਾੜੀ ਦਾ) ਫਲ ਜ਼ਹਰ ਹੈ, (ਭਾਵ, ਆਤਮਕ ਮੌਤ ਪੈਦਾ ਕਰਦਾ ਹੈ) ਇਹ ਥੋੜੇ ਦਿਨ ਹੀ ਸੁਆਦਲਾ ਲੱਗਦਾ ਹੈ, ਫਿਰ ਇਹ ਦੁਖਦਾਈ ਬਣ ਜਾਂਦਾ ਹੈ।
20067	438	ਫਿਰਿ ਹੋਇ ਤਾਤਾ ਖਰਾ ਮਾਤਾ ਨਾਮ ਬਿਨੁ ਪਰਤਾਪਏ॥	ਤੱਾਤਾ।ਮੱਾਤਾ।(ਪਰ-ਤੱਪਏ)ਪਸਚਾਤਾਪ (੨. ਪਰ ਤਾਪਏ)	Fir Hoe Thaathaa Kharaa Maathaa Naam Bin Parathaapeae ||	That fruit which intoxicated you has now become bitter and painful, without the Naam.	ਜਿਸ ਵਿਚ ਤੂੰ ਇਤਨਾ ਮਸਤ ਹੈਂ ਇਹ ਆਖ਼ਰ ਦੁੱਖਦਾਈ ਹੋ ਜਾਂਦਾ ਹੈ। ਪਰਮਾਤਮਾ ਦੇ ਨਾਮ ਤੋਂ ਬਿਨਾ ਇਹ ਬਹੁਤ ਦੁੱਖ ਦੇਂਦਾ ਹੈ।

20068	439	ਓਹੁ ਜੇਵ ਸਾਇਰ ਦੇਇ ਲਹਰੀ ਬਿਜੁਲ ਜਿਵੈ ਚਮਕਏ॥	(ਜੇਵ)ਜਿਵੇਂ। (ਸਾਇਰ)ਸਮੁੰਦ੍ਰ। ਦੇ-ਇ। ਚਮ-ਕਏ:ਪੋਲਾ ਬੋਲੋ।	Ouhu Jaev Saaeir Dhaee Leharee Bijul Jivai Chamakeae ||	It is temporary, like the waves on the sea, and the flash of lightning.	(ਉਂਝ ਹੈ ਭੀ ਇਹ ਥੋੜਾ ਸਮਾ ਰਹਿਣ ਵਾਲਾ) ਜਿਵੇਂ ਸਮੁੰਦਰ ਲਹਿਰਾਂ ਮਾਰਦਾ ਹੈ ਜਾਂ ਜਿਵੇਂ ਬਿਜਲੀ ਲਿਸ਼ਕ ਮਾਰਦੀ ਹੈ।
20069	439	ਹਰਿ ਬਾਝੁ ਰਾਖਾ ਕੋਇ ਨਾਹੀ ਸੋਇ ਤੁਝਹਿ ਬਿਸਾਰਿਆ॥		Har Baajh Raakhaa Koe Naahee Soe Thujhehi Bisaariaa ||	Without the Lord, there is no other protector, but you have forgotten Him.	ਪਰਮਾਤਮਾ (ਦੇ ਨਾਮ) ਤੋਂ ਬਿਨਾ ਹੋਰ ਕੋਈ (ਸਦਾ ਨਾਲ ਨਿਭਣ ਵਾਲਾ) ਰਾਖਾ ਨਹੀਂ (ਹੇ ਹਰਨ ਵਾਂਗ ਚੁੰਗੀਆਂ ਮਾਰਨ ਵਾਲੇ ਮਨ!) ਉਸ ਨੂੰ ਤੂੰ ਭੁਲਾਈ ਬੈਠਾ ਹੈਂ।
20070	439	ਸਚੁ ਕਹੈ ਨਾਨਕੁ ਚੇਤਿ ਰੇ ਮਨ ਮਰਹਿ ਹਰਣਾ ਕਾਲਿਆ॥੧॥		Sach Kehai Naanak Chaeth Rae Man Marehi Haranaa Kaaliaa ||1||	Nanak speaks the Truth. Reflect upon it, O mind; you shall die, O black deer. ||1||	ਨਾਨਕ ਆਖਦਾ ਹੈ-ਹੇ ਕਾਲੇ ਹਰਨ! ਹੇ ਮਨ! ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਸਿਮਰ, ਨਹੀਂ ਤਾਂ (ਇਸ ਜਗਤ-ਫੁਲਵਾੜੀ ਵਿਚ ਮਸਤ ਹੋ ਕੇ) ਤੂੰ ਆਪਣੀ ਆਤਮਕ ਮੌਤ ਸਹੇੜ ਲਏਂਗਾ ॥੧॥
20071	439	ਭਵਰਾ ਫੂਲਿ ਭਵੰਤਿਆ ਦੁਖੁ ਅਤਿ ਭਾਰੀ ਰਾਮ॥		Bhavaraa Fool Bhavanthiaa Dhukh Ath Bhaaree Raam ||	O bumble bee, you wander among the flowers, but terrible pain awaits you.	ਹੇ (ਹਰੇਕ) ਫੁੱਲ ਉੱਤੇ ਉੱਡਣ ਵਾਲੇ ਭੌਰੇ (ਮਨ!) (ਫੁੱਲ ਫੁੱਲ ਦੀ ਸੁਗੰਧੀ ਲੈਂਦੇ ਫਿਰਨ ਵਿਚੋਂ) ਬੜਾ ਭਾਰੀ ਦੁੱਖ ਨਿਕਲਦਾ ਹੈ।
20072	439	ਮੈ ਗੁਰੁ ਪੂਛਿਆ ਆਪਣਾ ਸਾਚਾ ਬੀਚਾਰੀ ਰਾਮ॥		Mai Gur Pooshhiaa Aapanaa Saachaa Beechaaree Raam ||	I have asked my Guru for true understanding.	ਮੈਂ ਆਪਣੇ ਗੁਰੂ ਪਾਸੋਂ ਪੁੱਛਿਆ ਹੈ ਜੇਹੜਾ ਸਦਾ-ਥਿਰ ਪ੍ਰਭੂ ਨੂੰ ਸਦਾ ਆਪਣੇ ਵਿਚਾਰ-ਮੰਡਲ ਵਿਚ ਟਿਕਾਈ ਰੱਖਦਾ ਹੈ।

20073	439	ਬੀਚਾਰਿ ਸਤਿਗੁਰੁ ਮੁਝੈ ਪੂਛਿਆ ਭਵਰੁ ਬੇਲੀ ਰਾਤਓ॥	ਪੂੱਛਿਆ। ਰੱਾਤ-ਓ। ਬੋਲੋ ਜੀ	Beechaar Sathigur Mujhai Pooshhiaa Bhavar Baelee Raathou ||	I have asked my True Guru for understanding about the bumble bee, who is so involved with the flowers of the garden.	(ਹੇ ਭੌਰੇ ਮਨ! ਤੇਰੀ ਇਹ ਹਾਲਤ) ਵਿਚਾਰ ਕੇ ਮੈਂ ਗੁਰੂ ਤੋਂ ਪੁੱਛਿਆ ਹੈ ਕਿ ਇਹ ਮਨ-ਭੌਰਾ ਤਾਂ ਵੇਲਾਂ ਫੁੱਲਾਂ ਉਤੇ (ਦੁਨੀਆ ਦੇ ਸੁੰਦਰ ਪਦਾਰਥਾਂ ਦੇ ਰਸਾਂ ਵਿਚ) ਮਸਤ ਹੋ ਰਿਹਾ ਹੈ (ਇਸ ਦਾ ਕੀਹ ਬਣੇਗਾ?
20074	439	ਸੂਰਜੁ ਚੜਿਆ ਪਿੰਡੁ ਪੜਿਆ ਤੇਲੁ ਤਾਵਣਿ ਤਾਤਓ॥	ਕਾਲ ਰੂਪੀ ਸੂਰਜ ਚੜ੍ਹਿਆ, (ਪਿੰਡੁ) ਸ੍ਰੀਰ। ਪੜਿਆ ਦੇ ੜ ਨੂੰ :ਹਲੰਤ ਨ ਲਾਓ। (ਤਾਵਣਿ) ਤਪਾਉਂਦੇ। ਤੱਾਤ-ਓ	Sooraj Charriaa Pindd Parriaa Thael Thaavan Thaathou ||	When the sun rises, the body will fall, and it will be cooked in hot oil.	ਮੈਨੂੰ ਗੁਰੂ ਨੇ ਮਤਿ ਦਿੱਤੀ ਹੈ ਕਿ) ਜਦੋਂ ਜ਼ਿੰਦਗੀ ਦੀ ਰਾਤ ਮੁੱਕ ਜਾਂਦੀ ਹੈ (ਜਦੋਂ ਦਿਨ ਚੜ੍ਹ ਪੈਂਦਾ ਹੈ) ਇਹ ਸਰੀਰ ਢਹਿ ਢੇਰੀ ਹੋ ਜਾਂਦਾ ਹੈ (ਵਿਕਾਰਾਂ ਵਿਚ ਫਸੇ ਰਹਿਣ ਕਰਕੇ ਜੀਵ ਇਉਂ ਦੁਖੀ ਹੁੰਦਾ ਹੈਂ ਜਿਵੇਂ) ਤੇਲ ਤਾਉੜੀ ਵਿਚ ਪਾ ਕੇ ਡਾਇਆ ਜਾਂਦਾ ਹੈ।
20075	439	ਜਮ ਮਗਿ ਬਾਧਾ ਖਾਹਿ ਚੋਟਾ ਸਬਦ ਬਿਨੁ ਬੇਤਾਲਿਆ॥	(ਮਗਿ) ਰਸਤੇ। (ਬੇਤਾਲਿਆ) ਭੂਤਨਾ। ਮਗਿ ਪੋਲਾ ਬੋਲੋ,ਬੇਤੱਾਲਿਆ	Jam Mag Baadhhaa Khaahi Chottaa Sabadh Bin Baethaaliaa ||	You shall be bound and beaten on the road of Death, without the Word of the Shabad, O madman.	ਹੇ (ਦੁਨੀਆ ਦੇ ਪਦਾਰਥਾਂ ਵਿਚ ਮਸਤ ਹੋਏ) ਭੂਤ! ਸਤਿਗੁਰੂ ਦੇ ਸ਼ਬਦ ਤੋਂ ਖੁੰਝ ਕੇ ਤੂੰ ਜਮਰਾਜ ਦੇ ਰਸਤੇ ਵਿਚ ਬੱਝਾ ਹੋਇਆ ਚੋਟਾਂ ਖਾਵੇਂਗਾ।
20076	439	ਸਚੁ ਕਹੈ ਨਾਨਕੁ ਚੇਤਿ ਰੇ ਮਨ ਮਰਹਿ ਭਵਰਾ ਕਾਲਿਆ॥੨॥	ਕਾਲਿਆ:ਪੋਲਾ ਬੋਲੋ	Sach Kehai Naanak Chaeth Rae Man Marehi Bhavaraa Kaaliaa ||2||	Nanak speaks the Truth. Reflect upon it, O mind; you shall die, O bumble bee. ||2||	ਨਾਨਕ ਆਖਦਾ ਹੈ-ਹੇ ਮੇਰੇ ਮਨ! ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਸਿਮਰ, ਨਹੀਂ ਤਾਂ ਭੌਰੇ (ਵਾਂਗ ਫੁੱਲਾਂ ਦੇ ਮਸਤ ਹੋਏ ਮਨ!) ਆਤਮਕ ਮੌਤ ਸਹੇੜ ਲਏਂਗਾ ॥੨॥

20077	439	ਮੇਰੇ ਜੀਅੜਿਆ ਪਰਦੇਸੀਆ ਕਿਤੁ ਪਵਹਿ ਜੰਜਾਲੇ ਰਾਮ॥		Maerae Jeearriaa Paradhaeseeaa Kith Pavehi Janjaalae Raam ||	O my stranger soul, why do you fall into entanglements?	ਹੇ ਮੇਰੇ ਪਰਦੇਸੀ ਜੀਵਾਤਮਾ! ਤੂੰ ਕਿਉਂ (ਮਾਇਆ ਦੇ) ਜੰਜਾਲ ਵਿਚ ਫਸ ਰਿਹਾ ਹੈਂ?
20078	439	ਸਾਚਾ ਸਾਹਿਬੁ ਮਨਿ ਵਸੈ ਕੀ ਫਾਸਹਿ ਜਮ ਜਾਲੇ ਰਾਮ॥	ਫਾਸਹਿ	Saachaa Saahib Man Vasai Kee Faasehi Jam Jaalae Raam ||	The True Lord abides within your mind; why are you trapped by the noose of Death?	ਜੇ ਸਦਾ-ਥਿਰ ਰਹਿਣ ਵਾਲਾ ਮਾਲਕ ਤੇਰੇ ਮਨ ਵਿਚ ਵੱਸਦਾ ਹੋਵੇ ਤਾਂ ਤੂੰ (ਮਾਇਆ ਦੇ ਮੋਹ-ਰੂਪ) ਜਮ ਦੇ ਖਿਲਾਰੇ ਹੋਏ ਜਾਲ ਵਿਚ ਕਿਉਂ ਫਸੇਂ?
20079	439	ਮਛੁਲੀ ਵਿਛੁੰਨੀ ਨੈਣ ਰੁੰਨੀ ਜਾਲੁ ਬਧਿਕਿ ਪਾਇਆ॥	(ਰੁੰਨੀ) ਰੋਂਦੀ। (ਬੱਧਿਕਿ) ਸ਼ਿਕਾਰੀ ਨੇ	Mashhulee Vishhunnee Nain Runnee Jaal Badhhik Paaeiaa ||	The fish leaves the water with tearful eyes, when the fisherman casts his net.	(ਹੇ ਮੇਰੀ ਜਿੰਦੇ! ਵੇਖ) ਜਦੋਂ ਸ਼ਿਕਾਰੀ ਨੇ (ਪਾਣੀ ਵਿਚ) ਜਾਲ ਪਾਇਆ ਹੁੰਦਾ ਹੈ ਤੇ ਮੱਛੀ (ਭਿੱਤੀ ਦੇ ਲੱਬ ਵਿਚ ਫਸ ਕੇ ਜਾਲ ਵਿਚ ਫਸ ਜਾਂਦੀ ਹੈ ਤੇ ਪਾਣੀ ਤੋਂ) ਵਿਛੁੜ ਜਾਂਦੀ ਹੈ ਤਦੋਂ ਅੱਖਾਂ ਭਰ ਕੇ ਰੋਂਦੀ ਹੈ,
20080	439	ਸੰਸਾਰੁ ਮਾਇਆ ਮੋਹੁ ਮੀਠਾ ਅੰਤਿ ਭਰਮੁ ਚੁਕਾਇਆ॥		Sansaar Maaeiaa Mohu Meethaa Anth Bharam Chukaaeiaa ||	The love of Maya is sweet to the world, but in the end, this delusion is dispelled.	(ਇਸੇ ਤਰ੍ਹਾਂ ਜੀਵ ਨੂੰ) ਇਹ ਜਗਤ ਮਿੱਠਾ ਲੱਗਦਾ ਹੈ, ਮਾਇਆ ਦਾ ਮੋਹ ਮਿੱਠਾ ਲੱਗਦਾ ਹੈ, ਪਰ (ਫਸ ਕੇ) ਅੰਤ ਵੇਲੇ ਇਹ ਭੁਲੇਖਾ ਦੂਰ ਹੁੰਦਾ ਹੈ (ਜਦੋਂ ਜਿੰਦ ਦੁੱਖਾਂ ਦੇ ਮੂੰਹ ਆਉਂਦੀ ਹੈ ਤੇ ਮਾਇਕ ਪਦਾਰਥ ਭੀ ਸਾਥ ਛੱਡ ਜਾਂਦੇ ਹਨ)।

20081	439	ਭਗਤਿ ਕਰਿ ਚਿਤੁ ਲਾਇ ਹਰਿ ਸਿਉ ਛੋਡਿ ਮਨਹੁ ਅੰਦੇਸਿਆ॥	(ਅੰਦੇਸਿਆ) ਚਿੰਤਾ	Bhagath Kar Chith Laae Har Sio Shhodd Manahu Andhaesiaa ||	So perform devotional worship, link your consciousness to the Lord, and dispel anxiety from your mind.	ਹੇ ਮੇਰੀ ਜਿੰਦੇ! ਪਰਮਾਤਮਾ ਦੇ ਚਰਨਾਂ ਵਿਚ ਚਿੱਤ ਜੋੜ ਕੇ ਭਗਤੀ ਕਰ ਕੇ ਇਸ ਤਰ੍ਹਾਂ ਆਪਣੇ ਮਨ ਵਿਚੋਂ ਫ਼ਿਕਰ-ਅੰਦੇਸ਼ੇ ਦੂਰ ਕਰ ਲੈ।
20082	439	ਸਚੁ ਕਹੈ ਨਾਨਕੁ ਚੇਤਿ ਰੇ ਮਨ ਜੀਅੜਿਆ ਪਰਦੇਸੀਆ॥੩॥		Sach Kehai Naanak Chaeth Rae Man Jeearriaa Paradhaeseeaa ||3||	Nanak speaks the Truth; focus your consciousness on the Lord, O my stranger soul. ||3||	ਨਾਨਕ ਆਖਦਾ ਹੈ-ਹੇ ਮੇਰੇ ਪਰਦੇਸੀ ਜੀਊੜੇ! ਹੇ ਮੇਰੇ ਮਨ! ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਸਿਮਰ ॥੩॥
20083	439	ਨਦੀਆ ਵਾਹ ਵਿਛੁੰਨਿਆ ਮੇਲਾ ਸੰਜੋਗੀ ਰਾਮ॥	(ਵਾਹ) ਪ੍ਰਵਾਹ ਜਲ ਦਾ	Nadheeaa Vaah Vishhunniaa Maelaa Sanjogee Raam ||	The rivers and streams which separate may sometime be united again.	ਨਦੀਆਂ ਤੋਂ ਵਿਛੁੜੇ ਹੋਏ ਵਹਣਾਂ ਦਾ (ਨਦੀਆਂ ਨਾਲ ਮੁੜ) ਮੇਲ ਭਾਗਾਂ ਨਾਲ ਹੀ ਹੁੰਦਾ ਹੈ (ਮਾਇਆ ਦੇ ਮੋਹ ਵਿਚ ਫਸ ਕੇ ਪ੍ਰਭੂ ਨਾਲੋਂ ਵਿਛੁੜੇ ਜੀਵ ਮੁੜ ਭਾਗਾਂ ਨਾਲ ਹੀ ਮਿਲਦੇ ਹਨ)।
20084	439	ਜੁਗੁ ਜੁਗੁ ਮੀਠਾ ਵਿਸੁ ਭਰੇ ਕੋ ਜਾਣੈ ਜੋਗੀ ਰਾਮ॥	ਜੁੱਗੁ ਜੁੱਗੁ। ਵਿਸੁ:ਪੋਲਾ ਬੋਲੋ	Jug Jug Meethaa Vis Bharae Ko Jaanai Jogee Raam ||	In age after age, that which is sweet, is full of poison; how rare is the Yogi who understands this.	ਜੇਹੜਾ ਕੋਈ ਵਿਰਲਾ ਮਨੁੱਖ ਪ੍ਰਭੂ-ਚਰਨਾਂ ਵਿਚ ਜੁੜਦਾ ਹੈ ਉਹ ਸਮਝ ਲੈਂਦਾ ਹੈ ਕਿ ਮਾਇਆ ਦਾ ਮੋਹ ਹੈ ਤਾਂ ਮਿੱਠਾ ਪਰ ਸਦਾ ਜ਼ਹਰ ਨਾਲ ਭਰਿਆ ਰਹਿੰਦਾ ਹੈ (ਤੇ ਜੀਵ ਨੂੰ ਆਤਮਕ ਮੌਤੇ ਮਾਰ ਦੇਂਦਾ ਹੈ)।

20085	439	ਕੋਈ ਸਹਜਿ ਜਾਣੈ ਹਰਿ ਪਛਾਣੈ ਸਤਿਗੁਰੂ ਜਿਨਿ ਚੇਤਿਆ॥		Koee Sehaj Jaanai Har Pashhaanai Sathiguroo Jin Chaethiaa ||	That rare person who centers his consciousness on the True Guru, knows intuitively and realizes the Lord.	ਅਜੇਹਾ ਕੋਈ ਵਿਰਲਾ ਬੰਦਾ ਜਿਸ ਨੇ ਆਪਣੇ ਗੁਰੂ ਨੂੰ ਚੇਤੇ ਰੱਖਿਆ ਹੈ ਆਤਮਕ ਅਡੋਲਤਾ ਵਿਚ ਟਿਕ ਕੇ ਇਸੇ ਅਸਲੀਅਤ ਨੂੰ ਸਮਝਦਾ ਹੈ ਤੇ ਪਰਮਾਤਮਾ ਨਾਲ ਸਾਂਝ ਪਾਂਦਾ ਹੈ।
20086	439	ਬਿਨੁ ਨਾਮ ਹਰਿ ਕੇ ਭਰਮਿ ਭੂਲੇ ਪਚਹਿ ਮੁਗਧ ਅਚੇਤਿਆ॥	(ਪਚਹਿ) ਸੜਦੇ	Bin Naam Har Kae Bharam Bhoolae Pachehi Mugadhh Achaethiaa ||	Without the Naam, the Name of the Lord, the thoughtless fools wander in doubt, and are ruined.	ਪਰਮਾਤਮਾ ਦੇ ਨਾਮ ਤੋਂ ਬਿਨਾ ਮਾਇਆ ਦੇ ਮੋਹ ਦੀ ਭਟਕਣਾ ਵਿਚ ਕੁਰਾਹੇ ਪੈ ਕੇ ਅਨੇਕਾਂ ਮੂਰਖ ਗ਼ਾਫ਼ਿਲ ਜੀਵ ਖ਼ੁਆਰ ਹੁੰਦੇ ਹਨ।
20087	439	ਹਰਿ ਨਾਮੁ ਭਗਤਿ ਨ ਰਿਦੈ ਸਾਚਾ ਸੇ ਅੰਤਿ ਧਾਹੀ ਰੁੰਨਿਆ॥	(ਰੁੰਨਿਆ) ਰੋਂਦੇ	Har Naam Bhagath N Ridhai Saachaa Sae Anth Dhhaahee Runniaa ||	Those whose hearts are not touched by devotional worship and the Name of the True Lord, shall weep and wail loudly in the end.	ਜੇਹੜੇ ਬੰਦੇ ਪਰਮਾਤਮਾ ਦਾ ਨਾਮ ਨਹੀਂ ਸਿਮਰਦੇ, ਪ੍ਰਭੂ ਦੀ ਭਗਤੀ ਨਹੀਂ ਕਰਦੇ, ਆਪਣੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਨੂੰ ਨਹੀਂ ਵਸਾਂਦੇ, ਉਹ ਆਖ਼ਰ ਢਾਹਾਂ ਮਾਰ ਮਾਰ ਕੇ ਰੋਂਦੇ ਹਨ।
20088	439	ਸਚੁ ਕਹੈ ਨਾਨਕੁ ਸਬਦਿ ਸਾਚੈ ਮੇਲਿ ਚਿਰੀ ਵਿਛੁੰਨਿਆ॥੪॥੧॥ ੫॥	(ਵਿਛੁੰਨਿਆ) ਵਿੱਛੁੜਿਆਂ ਨੂੰ	Sach Kehai Naanak Sabadh Saachai Mael Chiree Vishhunniaa ||4||1||5||	Nanak speaks the Truth; through the True Word of the Shabad, those long separated from the Lord, are united once again. ||4||1||5||	ਨਾਨਕ ਆਖਦਾ ਹੈ-ਸਦਾ-ਥਿਰ ਪ੍ਰਭੂ ਆਪਣੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਜੋੜ ਕੇ ਚਿਰਾਂ ਤੋਂ ਵਿਛੁੜੇ ਜੀਵਾਂ ਨੂੰ (ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈ ॥੪॥੧॥੫॥

20089	439	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
20090	439	ਆਸਾ ਮਹਲਾ ੩ ਛੰਤ ਘਰੁ ੧॥		Aasaa Mehalaa 3 Shhanth Ghar 1 ||	Aasaa, Third Mehl, Chhant, First House:	ਰਾਗ ਆਸਾ, ਘਰ ੧ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ 'ਛੰਤ'।
20091	439	ਹਮ ਘਰੇ ਸਾਚਾ ਸੋਹਿਲਾ ਸਾਚੈ ਸਬਦਿ ਸੁਹਾਇਆ ਰਾਮ॥		Ham Gharae Saachaa Sohilaa Saachai Sabadh Suhaaeiaa Raam ||	Within my home, the true wedding songs of rejoicing are sung; my home is adorned with the True Word of the Shabad.	(ਹੇ ਸਖੀ!) ਮੇਰੇ (ਹਿਰਦੇ-) ਘਰ ਵਿਚ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਗੀਤ ਹੋ ਰਿਹਾ ਹੈ, ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੇ ਗੁਰ-ਸ਼ਬਦ ਨੇ (ਮੇਰੇ ਹਿਰਦੇ-ਘਰ ਨੂੰ) ਸੋਹਣਾ ਬਣਾ ਦਿੱਤਾ ਹੈ।
20092	439	ਧਨ ਪਿਰ ਮੇਲੁ ਭਇਆ ਪ੍ਰਭਿ ਆਪਿ ਮਿਲਾਇਆ ਰਾਮ॥		Dhhan Pir Mael Bhaeiaa Prabh Aap Milaaeiaa Raam ||	The soul-bride has met her Husband Lord; God Himself has consummated this union.	(ਹੇ ਸਖੀ! ਉਸ) ਜੀਵ-ਇਸਤ੍ਰੀ ਦਾ ਪ੍ਰਭੂ-ਪਤੀ ਨਾਲ ਮਿਲਾਪ ਹੁੰਦਾ ਹੈ ਜਿਸ ਨੂੰ ਪ੍ਰਭੂ ਨੇ ਆਪ ਹੀ (ਆਪਣੇ ਚਰਨਾਂ ਵਿਚ) ਜੋੜ ਲਿਆ।
20093	439	ਪ੍ਰਭਿ ਆਪਿ ਮਿਲਾਇਆ ਸਚੁ ਮੰਨਿ ਵਸਾਇਆ ਕਾਮਣਿ ਸਹਜੇ ਮਾਤੀ॥	ਕੱਾਮਣਿ ਮੱਾਤੀ	Prabh Aap Milaaeiaa Sach Mann Vasaaeiaa Kaaman Sehajae Maathee ||	God Himself has consummated this union; the soul-bride enshrines Truth within her mind, intoxicated with peaceful poise.	ਪ੍ਰਭੂ ਨੇ ਜਿਸ ਜੀਵ-ਇਸਤ੍ਰੀ ਨੂੰ ਆਪ (ਆਪਣੇ ਚਰਨਾਂ ਵਿਚ) ਜੋੜਿਆ, ਆਪਣਾ ਸਦਾ-ਥਿਰ ਨਾਮ ਉਸ ਦੇ ਮਨ ਵਿਚ ਵਸਾ ਦਿੱਤਾ, ਉਹ ਜੀਵ-ਇਸਤ੍ਰੀ (ਫਿਰ) ਆਤਮਕ ਅਡੋਲਤਾ ਵਿਚ ਮਸਤ ਰਹਿੰਦੀ ਹੈ।

20094	439	ਗੁਰ ਸਬਦਿ ਸੀਗਾਰੀ ਸਚਿ ਸਵਾਰੀ ਸਦਾ ਰਾਵੇ ਰੰਗਿ ਰਾਤੀ॥	(ਰਾਵੇ) ਮਾਣੇ। ਰੱਾਤੀ	Gur Sabadh Seegaaree Sach Savaaree Sadhaa Raavae Rang Raathee ||	Embellished with the Word of the Guru's Shabad, and beautified with Truth, she enjoys her Beloved forever, imbued with His Love.	ਗੁਰੂ ਦੇ ਸ਼ਬਦ ਨੇ (ਉਸ ਜੀਵ-ਇਸਤ੍ਰੀ ਦੇ ਜੀਵਨ ਨੂੰ) ਸਿੰਗਾਰ ਦਿੱਤਾ, ਸਦਾ-ਥਿਰ ਹਰਿ-ਨਾਮ ਨੇ (ਉਸ ਦੇ ਜੀਵਨ ਨੂੰ) ਸੋਹਣਾ ਬਣਾ ਦਿੱਤਾ, ਉਹ (ਫਿਰ) ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਹੋਈ ਸਦਾ ਹੀ (ਪ੍ਰਭੂ-ਮਿਲਾਪ ਦਾ ਆਨੰਦ) ਮਾਣਦੀ ਹੈ।
20095	439	ਆਪੁ ਗਵਾਏ ਹਰਿ ਵਰੁ ਪਾਏ ਤਾ ਹਰਿ ਰਸੁ ਮੰਨਿ ਵਸਾਇਆ॥		Aap Gavaaeae Har Var Paaeae Thaa Har Ras Mann Vasaaeiaa ||	Eradicating her ego, she obtains her Husband Lord, and then, the sublime essence of the Lord dwells within her mind.	(ਜਦੋਂ ਜੀਵ-ਇਸਤ੍ਰੀ ਆਪਣੇ ਅੰਦਰੋਂ) ਹਉਮੈ ਦੂਰ ਕਰਦੀ ਹੈ (ਤੇ ਆਪਣੇ ਅੰਦਰ) ਪ੍ਰਭੂ-ਪਤੀ ਨੂੰ ਲੱਭ ਲੈਂਦੀ ਹੈ ਤਦੋਂ ਉਹ ਪ੍ਰਭੂ ਦੇ ਨਾਮ ਦਾ ਸੁਆਦ ਆਪਣੇ ਮਨ ਵਿਚ (ਸਦਾ ਲਈ) ਵਸਾ ਲੈਂਦੀ ਹੈ।
20096	439	ਕਹੁ ਨਾਨਕ ਗੁਰ ਸਬਦਿ ਸਵਾਰੀ ਸਫਲਿਉ ਜਨਮੁ ਸਬਾਇਆ॥੧॥	(ਸਬਾਇਆ) ਸਾਰਾ	Kahu Naanak Gur Sabadh Savaaree Safalio Janam Sabaaeiaa ||1||	Says Nanak, fruitful and prosperous is her entire life; she is embellished with the Word of the Guru's Shabad. ||1||	ਨਾਨਕ ਆਖਦਾ ਹੈ- ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਜਿਸ ਜੀਵ-ਇਸਤ੍ਰੀ ਦਾ ਆਤਮਕ ਜੀਵਨ ਸੋਹਣਾ ਬਣ ਜਾਂਦਾ ਹੈ ਉਸ ਦੀ ਸਾਰੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ ॥੧॥

20097	439	ਦੂਜੜੈ ਕਾਮਣਿ ਭਰਮਿ ਭੁਲੀ ਹਰਿ ਵਰੁ ਨ ਪਾਏ ਰਾਮ॥	ਕਾਮਣਿ	Dhoojarrai Kaaman Bharam Bhulee Har Var N Paaeae Raam ||	The soul-bride who has been led astray by duality and doubt, does not attain her Husband Lord.	(ਹੇ ਸਖੀ!) ਜੇਹੜੀ ਜੀਵ-ਇਸਤ੍ਰੀ (ਪ੍ਰਭੂ ਤੋਂ ਬਿਨਾ ਮਾਇਆ ਆਦਿਕ ਦੀ) ਹੋਰ ਹੋਰ ਭਟਕਣਾ ਵਿਚ ਪੈ ਕੇ ਕੁਰਾਹੇ ਪੈ ਜਾਂਦੀ ਹੈ ਉਸ ਨੂੰ ਪ੍ਰਭੂ-ਪਤੀ ਦਾ ਮਿਲਾਪ ਨਹੀਂ ਹੁੰਦਾ।
20098	439	ਕਾਮਣਿ ਗੁਣੁ ਨਾਹੀ ਬਿਰਥਾ ਜਨਮੁ ਗਵਾਏ ਰਾਮ॥		Kaaman Gun Naahee Birathhaa Janam Gavaaeae Raam ||	That soul-bride has no virtue, and she wastes her life in vain.	ਉਹ ਜੀਵ-ਇਸਤ੍ਰੀ (ਆਪਣੇ ਅੰਦਰ ਕੋਈ ਆਤਮਕ) ਗੁਣ ਪੈਦਾ ਨਹੀਂ ਕਰਦੀ, ਉਹ ਆਪਣੀ ਜ਼ਿੰਦਗੀ ਵਿਅਰਥ ਗਵਾ ਜਾਂਦੀ ਹੈ।
20099	439	ਬਿਰਥਾ ਜਨਮੁ ਗਵਾਏ ਮਨਮੁਖਿ ਇਆਣੀ ਅਉਗਣਵੰਤੀ ਝੂਰੇ॥		Birathhaa Janam Gavaaeae Manamukh Eiaanee Aouganavanthee Jhoorae ||	The self-willed, ignorant and disgraceful manmukh wastes her life in vain, and in the end, she comes to grief.	ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਉਹ ਮੂਰਖ ਜੀਵ-ਇਸਤ੍ਰੀ ਜੀਵਨ ਅਜਾਈਂ ਗਵਾ ਜਾਂਦੀ ਹੈ ਔਗੁਣਾਂ ਨਾਲ ਭਰੀ ਹੋਣ ਕਰਕੇ ਉਹ ਆਪਣੇ ਅੰਦਰ ਹੀ ਅੰਦਰ ਦੁੱਖੀ ਹੁੰਦੀ ਰਹਿੰਦੀ ਹੈ।
20100	439	ਆਪਣਾ ਸਤਿਗੁਰੁ ਸੇਵਿ ਸਦਾ ਸੁਖੁ ਪਾਇਆ ਤਾ ਪਿਰੁ ਮਿਲਿਆ ਹਦੂਰੇ॥		Aapanaa Sathigur Saev Sadhaa Sukh Paaeiaa Thaa Pir Miliaa Hadhoorae ||	But when she serves her True Guru, she obtains peace, and then she meets her Husband Lord, face to face.	ਪਰ ਜਦੋਂ ਉਸ ਨੇ ਆਪਣੇ ਗੁਰੂ ਦੀ ਦੱਸੀ ਸੇਵਾ ਕਰ ਕੇ ਸਦਾ ਟਿਕੇ ਰਹਿਣ ਵਾਲਾ ਆਤਮਕ ਆਨੰਦ ਲੱਭਾ ਤਦੋਂ ਉਸ ਨੂੰ ਪ੍ਰਭੂ-ਪਤੀ ਅੰਗ ਸੰਗ ਵੱਸਦਾ ਹੀ ਮਿਲ ਪਿਆ।

20101	439	ਦੇਖਿ ਪਿਰੁ ਵਿਗਸੀ ਅੰਦਰਹੁ ਸਰਸੀ ਸਚੈ ਸਬਦਿ ਸੁਭਾਏ॥	(ਵਿਗਸੀ) ਖਿੜੀ। (ਸਰਸੀ) ਰਸ ਵਾਲੀ,ਅਨੰਦਿਤ। (ਸੁਭਾਏ) ਪ੍ਰੇਮ ਚ	Dhaekh Pir Vigasee Andharahu Sarasee Sachai Sabadh Subhaaeae ||	Beholding her Husband Lord, she blossoms forth; her heart is delighted, and she is beautified by the True Word of the Shabad.	(ਆਪਣੇ ਅੰਦਰ) ਪ੍ਰਭੂ-ਪਤੀ ਨੂੰ ਵੇਖ ਕੇ ਉਹ ਖਿੜ ਪਈ, ਉਹ ਅੰਤਰ-ਆਤਮੇ ਆਨੰਦ-ਮਗਨ ਹੋ ਗਈ, ਉਹ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੇ ਗੁਰ-ਸ਼ਬਦ ਵਿਚ ਪ੍ਰਭੂ-ਪ੍ਰੇਮ ਵਿਚ ਲੀਨ ਹੋ ਗਈ।
20102	439	ਨਾਨਕ ਵਿਣੁ ਨਾਵੈ ਕਾਮਣਿ ਭਰਮਿ ਭੁਲਾਣੀ ਮਿਲਿ ਪ੍ਰੀਤਮ ਸੁਖੁ ਪਾਏ॥੨॥	ਕੱਾਮਣਿ	Naanak Vin Naavai Kaaman Bharam Bhulaanee Mil Preetham Sukh Paaeae ||2||	O Nanak, without the Name, the soul-bride wanders around, deluded by doubt. Meeting her Beloved, she obtains peace. ||2||	ਹੇ ਨਾਨਕ! ਪ੍ਰਭੂ ਦੇ ਨਾਮ ਤੋਂ ਖੁੰਝ ਕੇ ਜੀਵ-ਇਸਤ੍ਰੀ ਭਟਕਣਾ ਦੇ ਕਾਰਨ ਕੁਰਾਹੇ ਪਈ ਰਹਿੰਦੀ ਹੈ ਪ੍ਰੀਤਮ-ਪ੍ਰਭੂ ਨੂੰ ਮਿਲ ਕੇ ਆਤਮਕ ਆਨੰਦ ਮਾਣਦੀ ਹੈ ॥੨॥
20103	440	ਪਿਰੁ ਸੰਗਿ ਕਾਮਣਿ ਜਾਣਿਆ ਗੁਰਿ ਮੇਲਿ ਮਿਲਾਈ ਰਾਮ॥		Pir Sang Kaaman Jaaniaa Gur Mael Milaaee Raam ||	The soul-bride knows that her Husband Lord is with her; the Guru unites her in this union.	(ਹੇ ਸਖੀ!) ਜਿਸ ਜੀਵ-ਇਸਤ੍ਰੀ ਨੂੰ ਗੁਰੂ ਨੇ ਪ੍ਰਭੂ ਚਰਨਾਂ ਵਿਚ ਜੋੜ ਦਿੱਤਾ ਉਸ ਨੇ ਪ੍ਰਭੂ-ਪਤੀ ਨੂੰ ਆਪਣੇ ਅੰਗ-ਸੰਗ ਵੱਸਦਾ ਪਛਾਣ ਲਿਆ,
20104	440	ਅੰਤਰਿ ਸਬਦਿ ਮਿਲੀ ਸਹਜੇ ਤਪਤਿ ਬੁਝਾਈ ਰਾਮ॥	ਬੁਝਾਈ:ਪੋਲਾ ਬੋਲੋ	Anthar Sabadh Milee Sehajae Thapath Bujhaaee Raam ||	Within her heart, she is merged with the Shabad, and the fire of her desire is easily extinguished.	ਉਹ ਅੰਤਰ-ਆਤਮੇ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਪ੍ਰਭੂ ਨਾਲ ਇਕ-ਮਿਕ ਹੋ ਗਈ, ਆਤਮਕ ਅਡੋਲਤਾ ਵਿਚ ਟਿਕ ਕੇ ਉਸ ਨੇ (ਆਪਣੇ ਅੰਦਰੋਂ ਵਿਕਾਰਾਂ ਵਾਲੀ) ਤਪਸ਼ ਬੁਝਾ ਲਈ।

20105	440	ਸਬਦਿ ਤਪਤਿ ਬੁਝਾਈ ਅੰਤਰਿ ਸਾਂਤਿ ਆਈ ਸਹਜੇ ਹਰਿ ਰਸੁ ਚਾਖਿਆ॥	ਚੱਾਖਿਆ। ਬੁਝਾਈ:ਪੋਲਾ ਬੋਲੋ	Sabadh Thapath Bujhaaee Anthar Saanth Aaee Sehajae Har Ras Chaakhiaa ||	The Shabad has quenched the fire of desire, and within her heart, peace and tranquility have come; she tastes the Lord's essence with intuitive ease.	(ਹੇ ਸਖੀ! ਜਿਸ ਜੀਵ-ਇਸਤ੍ਰੀ ਨੇ) ਗੁਰ-ਸ਼ਬਦ ਦੀ ਸਹਾਇਤਾ ਨਾਲ ਆਪਣੇ ਅੰਦਰੋਂ ਵਿਕਾਰਾਂ ਵਾਲੀ ਤਪਸ਼ ਬੁਝਾ ਲਈ, ਉਸ ਦੇ ਅੰਦਰ ਠੰਡ ਪੈ ਗਈ, ਆਤਮਕ ਅਡੋਲਤਾ ਵਿਚ ਟਿਕ ਕੇ ਉਸ ਨੇ ਹਰਿ-ਨਾਮ ਦਾ ਸੁਆਦ ਚੱਖ ਲਿਆ।
20106	440	ਮਿਲਿ ਪ੍ਰੀਤਮ ਅਪਣੇ ਸਦਾ ਰੰਗੁ ਮਾਣੇ ਸਚੈ ਸਬਦਿ ਸੁਭਾਖਿਆ॥	ਸੁਭੱਾਖਿਆ	Mil Preetham Apanae Sadhaa Rang Maanae Sachai Sabadh Subhaakhiaa ||	Meeting her Beloved, she enjoys His Love continually, and her speech rings with the True Shabad.	ਆਪਣੇ ਪ੍ਰਭੂ ਪ੍ਰੀਤਮ ਨੂੰ ਮਿਲ ਕੇ ਉਹ ਸਦਾ ਪ੍ਰੇਮ-ਰੰਗ ਮਾਣਦੀ ਹੈ, ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੇ ਗੁਰ-ਸ਼ਬਦ ਵਿਚ ਜੁੜ ਕੇ ਉਸ ਦੀ ਬੋਲੀ ਮਿੱਠੀ ਹੋ ਜਾਂਦੀ ਹੈ।
20107	440	ਪੜਿ ਪੜਿ ਪੰਡਿਤ ਮੋਨੀ ਥਾਕੇ ਭੇਖੀ ਮੁਕਤਿ ਨ ਪਾਈ॥	ਪੜ੍ਹਿ ਪੜ੍ਹਿ।ਭੇਖੀਂ	Parr Parr Panddith Monee Thhaakae Bhaekhee Mukath N Paaee ||	Reading and studying continually, the Pandits, the religious scholars, and the silent sages have grown weary; wearing religious robes, liberation is not obtained.	(ਹੇ ਸਖੀ!) ਪੰਡਿਤ (ਧਾਰਮਿਕ ਪੁਸਤਕ) ਪੜ੍ਹ ਪੜ੍ਹ ਕੇ, ਮੋਨ-ਧਾਰੀ (ਸਮਾਧੀਆਂ ਲਾ ਲਾ ਕੇ) (ਜੋਗੀ ਜੰਗਮ ਆਦਿਕ ਸਾਧੂ) ਭੇਖ ਧਾਰ ਧਾਰ ਕੇ ਥੱਕ ਗਏ (ਇਹਨਾਂ ਤਰੀਕਿਆਂ ਨਾਲ ਕਿਸੇ ਨੇ ਮਾਇਆ ਦੇ ਬੰਧਨਾਂ ਤੋਂ) ਖ਼ਲਾਸੀ ਪ੍ਰਾਪਤ ਨਾਹ ਕੀਤੀ।

20108	440	ਨਾਨਕ ਬਿਨੁ ਭਗਤੀ ਜਗੁ ਬਉਰਾਨਾ ਸਚੈ ਸਬਦਿ ਮਿਲਾਈ॥੩॥	(ਬਉਰਾਨਾ) ਕਮਲਾ	Naanak Bin Bhagathee Jag Bouraanaa Sachai Sabadh Milaaee ||3||	O Nanak, without devotional worship, the world has gone insane; through the True Word of the Shabad, one meets the Lord. ||3||	ਹੇ ਨਾਨਕ! ਪਰਮਾਤਮਾ ਦੀ ਭਗਤੀ ਤੋਂ ਬਿਨਾ ਜਗਤ (ਮਾਇਆ ਦੇ ਮੋਹ ਵਿਚ) ਝੱਲਾ ਹੋਇਆ ਫਿਰਦਾ ਹੈ, ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੇ ਗੁਰ-ਸ਼ਬਦ ਦੀ ਬਰਕਤਿ ਨਾਲ ਪ੍ਰਭੂ-ਚਰਨਾਂ ਵਿਚ ਮਿਲਾਪ ਹਾਸਲ ਕਰ ਲੈਂਦਾ ਹੈ ॥੩॥
20109	440	ਸਾ ਧਨ ਮਨਿ ਅਨਦੁ ਭਇਆ ਹਰਿ ਜੀਉ ਮੇਲਿ ਪਿਆਰੇ ਰਾਮ॥		Saa Dhhan Man Anadh Bhaeiaa Har Jeeo Mael Piaarae Raam ||	Bliss permeates the mind of the soul-bride, who meets her Beloved Lord.	(ਹੇ ਸਖੀ!) ਜਿਸ ਜੀਵ-ਇਸਤ੍ਰੀ ਨੂੰ ਪਿਆਰੇ ਹਰਿ-ਪ੍ਰਭੂ ਨੇ ਆਪਣੇ ਚਰਨਾਂ ਵਿਚ ਜੋੜ ਲਿਆ ਉਸ ਦੇ ਮਨ ਵਿਚ ਖਿੜਾਉ ਪੈਦਾ ਹੋ ਜਾਂਦਾ ਹੈ,
20110	440	ਸਾ ਧਨ ਹਰਿ ਕੈ ਰਸਿ ਰਸੀ ਗੁਰ ਕੈ ਸਬਦਿ ਅਪਾਰੇ ਰਾਮ॥		Saa Dhhan Har Kai Ras Rasee Gur Kai Sabadh Apaarae Raam ||	The soul-bride is enraptured with the sublime essence of the Lord, through the incomparable Word of the Guru's Shabad.	ਉਹ ਜੀਵ-ਇਸਤ੍ਰੀ ਅਪਾਰ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੇ ਗੁਰ-ਸ਼ਬਦ ਦੀ ਰਾਹੀਂ ਪਰਮਾਤਮਾ ਦੇ ਪ੍ਰੇਮ-ਰਸ ਵਿਚ ਭਿੱਜੀ ਰਹਿੰਦੀ ਹੈ।

20111	440	ਸਬਦਿ ਅਪਾਰੇ ਮਿਲੇ ਪਿਆਰੇ ਸਦਾ ਗੁਣ ਸਾਰੇ ਮਨਿ ਵਸੇ॥	(ਸਾਰੇ) ਸੰਭਾਲੇ	Sabadh Apaarae Milae Piaarae Sadhaa Gun Saarae Man Vasae ||	Through the incomparable Word of the Guru's Shabad, she meets her Beloved; she continually contemplates and enshrines His Glorious Virtues in her mind.	ਅਪਾਰ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੇ ਸ਼ਬਦ ਦੀ ਬਰਕਤਿ ਨਾਲ ਉਹ ਜੀਵ-ਇਸਤ੍ਰੀ ਪਿਆਰੇ ਪ੍ਰਭੂ ਨੂੰ ਮਿਲ ਪੈਂਦੀ ਹੈ, ਸਦਾ ਉਸ ਦੇ ਗੁਣ ਆਪਣੇ ਹਿਰਦੇ ਵਿਚ ਸਾਂਭ ਰੱਖਦੀ ਹੈ,
20112	440	ਸੇਜ ਸੁਹਾਵੀ ਜਾ ਪਿਰਿ ਰਾਵੀ ਮਿਲਿ ਪ੍ਰੀਤਮ ਅਵਗਣ ਨਸੇ॥	ਨੱਸੇ	Saej Suhaavee Jaa Pir Raavee Mil Preetham Avagan Nasae ||	Her bed was adorned when she enjoyed her Husband Lord; meeting with her Beloved, her demerits were erased.	ਪ੍ਰਭੂ ਦੇ ਗੁਣ ਉਸ ਦੇ ਮਨ ਵਿਚ ਟਿਕੇ ਰਹਿੰਦੇ ਹਨ, ਜਦੋਂ ਪ੍ਰਭੂ-ਪਤੀ ਨੇ ਉਸ ਨੂੰ ਆਪਣੇ ਚਰਨਾਂ ਵਿਚ ਜੋੜ ਲਿਆ ਉਸ (ਦੇ ਹਿਰਦੇ) ਦੀ ਸੇਜ ਸੋਹਣੀ ਬਣ ਗਈ। ਪ੍ਰੀਤਮ-ਪ੍ਰਭੂ ਨੂੰ ਮਿਲ ਕੇ ਉਸ ਦੇ ਅੰਦਰੋਂ ਸਾਰੇ ਔਗੁਣ ਦੂਰ ਹੋ ਗਏ।
20113	440	ਜਿਤੁ ਘਰਿ ਨਾਮੁ ਹਰਿ ਸਦਾ ਧਿਆਈਐ ਸੋਹਿਲੜਾ ਜੁਗ ਚਾਰੇ॥	ਜੁੱਗ	Jith Ghar Naam Har Sadhaa Dhhiaaeeai Sohilarraa Jug Chaarae ||	That house, within which the Lord's Name is continually meditated upon, resounds with the wedding songs of rejoicing, throughout the four ages.	(ਹੇ ਸਖੀ!) ਜਿਸ (ਹਿਰਦੇ-) ਘਰ ਵਿਚ ਪਰਮਾਤਮਾ ਦਾ ਨਾਮ ਸਦਾ ਸਿਮਰਿਆ ਜਾਂਦਾ ਹੈ ਉਥੇ ਸਦਾ ਹੀ (ਮਾਨੋ) ਖ਼ੁਸ਼ੀ ਦਾ ਗੀਤ ਹੁੰਦਾ ਰਹਿੰਦਾ ਹੈ।

20114	440	ਨਾਨਕ ਨਾਮਿ ਰਤੇ ਸਦਾ ਅਨਦੁ ਹੈ ਹਰਿ ਮਿਲਿਆ ਕਾਰਜ ਸਾਰੇ॥੪॥੧॥੬॥		Naanak Naam Rathae Sadhaa Anadh Hai Har Miliaa Kaaraj Saarae ||4||1||6||	O Nanak, imbued with the Naam, we are in bliss forever; meeting the Lord, our affairs are resolved. ||4||1||6||	ਹੇ ਨਾਨਕ! ਜੇਹੜੇ ਜੀਵ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ ਉਹਨਾਂ ਦੇ ਅੰਦਰ ਸਦਾ ਆਨੰਦ ਬਣਿਆ ਰਹਿੰਦਾ ਹੈ, ਪ੍ਰਭੂ-ਚਰਨਾਂ ਵਿਚ ਮਿਲ ਕੇ ਉਹ ਆਪਣੇ ਸਾਰੇ ਕੰਮ ਸੰਵਾਰ ਲੈਂਦੇ ਹਨ ॥੪॥੧॥੬॥
20115	440	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
20116	440	ਆਸਾ ਮਹਲਾ ੩ ਛੰਤ ਘਰੁ ੩॥		Aasaa Mehalaa 3 Shhanth Ghar 3 ||	Aasaa, Third Mehl, Chhant, Third House:	ਰਾਗ ਆਸਾ, ਘਰ ੩ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ 'ਛੰਤ'।
20117	440	ਸਾਜਨ ਮੇਰੇ ਪ੍ਰੀਤਮਹੁ ਤੁਮ ਸਹ ਕੀ ਭਗਤਿ ਕਰੇਹੋ॥	(ਪ੍ਰੀਤਮਹੁ) ਪਿਆਰਿਓ। (ਸਹ) ਖਸਮ ਵਾਹਗੁਰੂ ਜੀ	Saajan Maerae Preethamahu Thum Seh Kee Bhagath Karaeho ||	O my beloved friend, dedicate yourself to the devotional worship of your Husband Lord.	ਹੇ ਮੇਰੇ (ਸਤਸੰਗੀ) ਸੱਜਣੋ ਪਿਆਰਿਓ! ਤੁਸੀ ਪ੍ਰਭੂ-ਪਤੀ ਦੀ ਭਗਤੀ ਸਦਾ ਕਰਦੇ ਰਿਹਾ ਕਰੋ,
20118	440	ਗੁਰੁ ਸੇਵਹੁ ਸਦਾ ਆਪਣਾ ਨਾਮੁ ਪਦਾਰਥੁ ਲੇਹੋ॥		Gur Saevahu Sadhaa Aapanaa Naam Padhaarathh Laeho ||	Serve your Guru constantly, and obtain the wealth of the Naam.	ਸਦਾ ਆਪਣੇ ਗੁਰੂ ਦੀ ਸਰਨ ਪਏ ਰਹੋ (ਤੇ ਗੁਰੂ ਪਾਸੋਂ) ਸਭ ਤੋਂ ਕੀਮਤੀ ਚੀਜ਼ ਹਰਿ-ਨਾਮ ਹਾਸਲ ਕਰੋ।

20119	440	ਭਗਤਿ ਕਰਹੁ ਤੁਮ ਸਹੈ ਕੇਰੀ ਜੋ ਸਹ ਪਿਆਰੇ ਭਾਵਏ॥	ਭਾ–ਵਏ	Bhagath Karahu Thum Sehai Kaeree Jo Seh Piaarae Bhaaveae ||	Dedicate yourself to the worship of your Husband Lord; this is pleasing to your Beloved Husband.	(ਹੇ ਸੱਜਣੋ!) ਤੁਸੀ ਪ੍ਰਭੂ-ਪਤੀ ਦੀ ਹੀ ਭਗਤੀ ਕਰਦੇ ਰਹੋ, ਇਹ ਭਗਤੀ ਪਿਆਰੇ ਪ੍ਰਭੂ-ਪਤੀ ਨੂੰ ਪਸੰਦ ਆਉਂਦੀ ਹੈ।
20120	440	ਆਪਣਾ ਭਾਣਾ ਤੁਮ ਕਰਹੁ ਤਾ ਫਿਰਿ ਸਹ ਖੁਸੀ ਨ ਆਵਏ॥		Aapanaa Bhaanaa Thum Karahu Thaa Fir Seh Khusee N Aaveae ||	If you walk in accordance with your own will, then your Husband Lord will not be pleased with you.	ਜੇ (ਇਸ ਜੀਵਨ-ਸਫ਼ਰ ਵਿਚ) ਤੁਸੀ ਆਪਣੀ ਹੀ ਮਰਜ਼ੀ ਕਰਦੇ ਰਹੋਗੇ ਤਾਂ ਪ੍ਰਭੂ-ਪਤੀ ਦੀ ਪ੍ਰਸੰਨਤਾ ਤੁਹਾਨੂੰ ਨਹੀਂ ਮਿਲੇਗੀ।
20121	440	ਭਗਤਿ ਭਾਵ ਇਹੁ ਮਾਰਗੁ ਬਿਖੜਾ ਗੁਰ ਦੁਆਰੈ ਕੋ ਪਾਵਏ॥	ਪਾ–ਵਏ	Bhagath Bhaav Eihu Maarag Bikharraa Gur Dhuaarai Ko Paaveae ||	This path of loving devotional worship is very difficult; how rare are those who find it, through the Gurdwara, the Guru's Gate.	(ਪਰ, ਹੇ ਪਿਆਰਿਓ!) ਭਗਤੀ ਦਾ ਤੇ ਪ੍ਰੇਮ ਦਾ ਇਹ ਰਸਤਾ ਬਹੁਤ ਔਕੜਾਂ-ਭਰਿਆ ਹੈ, ਕੋਈ ਵਿਰਲਾ ਮਨੁੱਖ ਇਹ ਰਸਤਾ ਲੱਭਦਾ ਹੈ ਜੋ ਗੁਰੂ ਦੇ ਦਰ ਤੇ ਆ ਡਿੱਗਦਾ ਹੈ।
20122	440	ਕਹੈ ਨਾਨਕੁ ਜਿਸੁ ਕਰੇ ਕਿਰਪਾ ਸੋ ਹਰਿ ਭਗਤੀ ਚਿਤੁ ਲਾਵਏ॥੧॥	ਲਾ–ਵਏ	Kehai Naanak Jis Karae Kirapaa So Har Bhagathee Chith Laaveae ||1||	Says Nanak, that one, upon whom the Lord casts His Glance of Grace, links his consciousness to the worship of the Lord. ||1||	ਨਾਨਕ ਆਖਦਾ ਹੈ-ਜਿਸ ਮਨੁੱਖ ਉਤੇ ਪ੍ਰਭੂ (ਆਪ) ਕਿਰਪਾ ਕਰਦਾ ਹੈ ਉਹ ਮਨੁੱਖ ਆਪਣਾ ਮਨ ਪ੍ਰਭੂ ਦੀ ਭਗਤੀ ਵਿਚ ਜੋੜਦਾ ਹੈ ॥੧॥

20123	440	ਮੇਰੇ ਮਨ ਬੈਰਾਗੀਆ ਤੂੰ ਬੈਰਾਗੁ ਕਰਿ ਕਿਸੁ ਦਿਖਾਵਹਿ॥	ਦਿਖਾਵ-ਹਿ	Maerae Man Bairaageeaa Thoon Bairaag Kar Kis Dhikhaavehi ||	O my detached mind, unto whom do you show your detachment?	ਹੇ ਵੈਰਾਗ ਵਿਚ ਆਏ ਹੋਏ ਮੇਰੇ ਮਨ! ਤੂੰ ਵੈਰਾਗ ਕਰ ਕੇ ਕਿਸ ਨੂੰ ਵਿਖਾਂਦਾ ਹੈਂ? (ਇਸ ਉਪਰੋਂ ਉਪਰੋਂ ਵਿਖਾਏ ਹੋਏ ਵੈਰਾਗ ਨਾਲ ਤੇਰੇ ਅੰਦਰ ਆਤਮਕ ਆਨੰਦ ਨਹੀਂ ਬਣ ਸਕੇਗਾ)।
20124	440	ਹਰਿ ਸੋਹਿਲਾ ਤਿਨ੍ਹ ਸਦ ਸਦਾ ਜੋ ਹਰਿ ਗੁਣ ਗਾਵਹਿ॥		Har Sohilaa Thinh Sadh Sadhaa Jo Har Gun Gaavehi ||	Those who sing the Glorious Praises of the Lord live in the joy of the Lord, forever and ever.	ਹੇ ਮਨ! ਜੇਹੜੇ ਮਨੁੱਖ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਉਹਨਾਂ ਦੇ ਅੰਦਰ ਸਦਾ ਹੀ ਖਿੜਾਉ ਤੇ ਚਾਉ ਬਣਿਆ ਰਹਿੰਦਾ ਹੈ।
20125	440	ਕਰਿ ਬੈਰਾਗੁ ਤੂੰ ਛੋਡਿ ਪਾਖੰਡੁ ਸੋ ਸਹੁ ਸਭੁ ਕਿਛੁ ਜਾਣਏ॥	ਜਾਣਏ	Kar Bairaag Thoon Shhodd Paakhandd So Sahu Sabh Kishh Jaaneae ||	So become detached, and renounce hypocrisy; Your Husband Lord knows everything.	ਹੇ ਮੇਰੇ ਮਨ! (ਬਾਹਰਲੇ ਵਿਖਾਵੇ ਵਾਲੇ ਵੈਰਾਗ ਦਾ) ਪਖੰਡ ਛੱਡ ਦੇ (ਤੇ, ਆਪਣੇ ਅੰਦਰ) ਮਿਲਣ ਦੀ ਤਾਂਘ ਪੈਦਾ ਕਰ (ਕਿਉਂਕਿ) ਉਹ ਖਸਮ-ਪ੍ਰਭੂ (ਅੰਦਰ ਦੀ) ਹਰੇਕ ਗੱਲ ਜਾਣਦਾ ਹੈ,
20126	440	ਜਲਿ ਥਲਿ ਮਹੀਅਲਿ ਏਕੋ ਸੋਈ ਗੁਰਮੁਖਿ ਹੁਕਮੁ ਪਛਾਣਏ॥	ਪਛਾ-ਣਏ	Jal Thhal Meheeal Eaeko Soee Guramukh Hukam Pashhaaneae ||	The One Lord is pervading the water, the land and the sky; the Gurmukh realizes the Command of His Will.	ਉਹ ਪ੍ਰਭੂ ਆਪ ਹੀ ਜਲ ਵਿਚ ਧਰਤੀ ਵਿਚ ਆਕਾਸ਼ ਵਿਚ (ਹਰ ਥਾਂ ਸਮਾਇਆ ਹੋਇਆ ਹੈ) ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ ਉਸ ਪ੍ਰਭੂ ਦੀ ਰਜ਼ਾ ਨੂੰ ਸਮਝਦਾ ਹੈ।

20127	440	ਜਿਨਿ ਹੁਕਮੁ ਪਛਾਤਾ ਹਰੀ ਕੇਰਾ ਸੋਈ ਸਰਬ ਸੁਖ ਪਾਵਏ॥		Jin Hukam Pashhaathaa Haree Kaeraa Soee Sarab Sukh Paaveae ||	One who realizes the Lord's Command, obtains all peace and comforts.	ਹੇ ਮੇਰੇ ਮਨ! ਜਿਸ ਮਨੁੱਖ ਨੇ ਪਰਮਾਤਮਾ ਦੀ ਰਜ਼ਾ ਸਮਝ ਲਈ ਉਹੀ ਸਾਰੇ ਆਨੰਦ ਪ੍ਰਾਪਤ ਕਰਦਾ ਹੈ,
20128	440	ਇਵ ਕਹੈ ਨਾਨਕੁ ਸੋ ਬੈਰਾਗੀ ਅਨ ਦਿਨੁ ਹਰਿ ਲਿਵ ਲਾਵਏ॥੨॥		Eiv Kehai Naanak So Bairaagee Anadhin Har Liv Laaveae ||2||	Thus says Nanak: such a detached soul remains absorbed in the Lord's Love, day and night. ||2||	ਨਾਨਕ (ਤੈਨੂੰ) ਇਉਂ ਦੱਸਦਾ ਹੈ ਕਿ ਇਹੋ ਜਿਹਾ ਮਿਲਾਪ ਦੀ ਤਾਂਘ ਰੱਖਣ ਵਾਲਾ ਮਨੁੱਖ ਹਰ ਵੇਲੇ ਪ੍ਰਭੂ-ਚਰਨਾਂ ਵਿਚ ਸੁਰਤਿ ਜੋੜੀ ਰੱਖਦਾ ਹੈ ॥੨॥
20129	440	ਜਹ ਜਹ ਮਨ ਤੂੰ ਧਾਵਦਾ ਤਹ ਤਹ ਹਰਿ ਤੇਰੈ ਨਾਲੇ॥		Jeh Jeh Man Thoon Dhhaavadhaa Theh Theh Har Thaerai Naalae ||	Wherever you wander, O my mind, the Lord is there with you.	ਹੇ ਮੇਰੇ ਮਨ! ਜਿੱਥੇ ਜਿੱਥੇ ਤੂੰ ਦੌੜਦਾ ਫਿਰਦਾ ਹੈਂ ਉਥੇ ਉਥੇ ਹੀ ਪਰਮਾਤਮਾ ਤੇਰੇ ਨਾਲ ਹੀ ਰਹਿੰਦਾ ਹੈ,
20130	440	ਮਨ ਸਿਆਣਪ ਛੋਡੀਐ ਗੁਰ ਕਾ ਸਬਦੁ ਸਮਾਲੇ॥		Man Siaanap Shhoddeeai Gur Kaa Sabadh Samaalae ||	Renounce your cleverness, O my mind, and reflect upon the Word of the Guru's Shabad.	ਹੇ ਮਨ! ਆਪਣੀ ਚਤੁਰਾਈ (ਦਾ ਆਸਰਾ) ਛੱਡ ਦੇ ਤੇ, ਹੇ ਮਨ! ਗੁਰੂ ਦਾ ਸ਼ਬਦ ਆਪਣੇ ਅੰਦਰ ਸੰਭਾਲ ਕੇ ਰੱਖ!
20131	440	ਸਾਥਿ ਤੇਰੈ ਸੋ ਸਹੁ ਸਦਾ ਹੈ ਇਕੁ ਖਿਨੁ ਹਰਿ ਨਾਮੁ ਸਮਾਲਹੇ॥	ਸਮਾਲ–ਹੇ	Saathh Thaerai So Sahu Sadhaa Hai Eik Khin Har Naam Samaalehae ||	Your Husband Lord is always with you, if you remember the Lord's Name, even for an instant.	(ਫਿਰ ਤੈਨੂੰ ਦਿੱਸ ਪਏਗਾ ਕਿ) ਉਹ ਖਸਮ-ਪ੍ਰਭੂ ਸਦਾ ਤੇਰੇ ਨਾਲ ਰਹਿੰਦਾ ਹੈ। (ਹੇ ਮਨ!) ਜੇ ਤੂੰ ਇਕ ਖਿਨ ਵਾਸਤੇ ਭੀ ਪਰਮਾਤਮਾ ਦਾ ਨਾਮ ਆਪਣੇ ਅੰਦਰ ਵਸਾਏਂ,

20132	440	ਜਨਮ ਜਨਮ ਕੇ ਤੇਰੇ ਪਾਪ ਕਟੇ ਅੰਤਿ ਪਰਮਪਦੁ ਪਾਵਹੇ॥	ਪਾਵ-ਹੇ	Janam Janam Kae Thaerae Paap Kattae Anth Param Padh Paavehae ||	The sins of countless incarnations shall be washed away, and in the end, you shall obtain the supreme status.	ਤਾਂ ਤੇਰੇ ਅਨੇਕਾਂ ਜਨਮਾਂ ਦੇ ਪਾਪ ਕੱਟੇ ਜਾਣ, ਤੇ, ਆਖ਼ਰ ਤੂੰ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲਏਂ।
20133	440	ਸਾਚੇ ਨਾਲਿ ਤੇਰਾ ਗੰਢੁ ਲਾਗੈ ਗੁਰਮੁਖਿ ਸਦਾ ਸਮਾਲੇ॥		Saachae Naal Thaeraa Gandt Laagai Guramukh Sadhaa Samaalae ||	You shall be linked to the True Lord, and as Gurmukh, remember Him forever.	(ਹੇ ਮਨ!) ਗੁਰੂ ਦੀ ਸਰਨ ਪੈ ਕੇ ਤੂੰ ਸਦਾ ਪਰਮਾਤਮਾ ਨੂੰ ਆਪਣੇ ਅੰਦਰ ਵਸਾਈ ਰੱਖ, (ਇਸ ਤਰ੍ਹਾਂ ਉਸ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ ਤੇਰਾ ਪੱਕਾ ਪਿਆਰ ਬਣ ਜਾਏਗਾ।
20134	440	ਇਉ ਕਹੈ ਨਾਨਕੁ ਜਹ ਮਨ ਤੂੰ ਧਾਵਦਾ ਤਹ ਹਰਿ ਤੇਰੈ ਸਦਾ ਨਾਲੇ॥੩॥	(ਧਾਵਦਾ) ਦੌੜਦਾ	Eio Kehai Naanak Jeh Man Thoon Dhhaavadhaa Theh Har Thaerai Sadhaa Naalae ||3||	Thus says Nanak: wherever you go, O my mind, the Lord is there with you. ||3||	ਨਾਨਕ ਤੈਨੂੰ ਇਉਂ ਦੱਸਦਾ ਹੈ ਕਿ ਹੇ ਮਨ! ਜਿੱਥੇ ਜਿੱਥੇ ਤੂੰ ਭਟਕਦਾ ਫਿਰਦਾ ਹੈਂ ਉੱਥੇ ਉੱਥੇ ਪਰਮਾਤਮਾ ਸਦਾ ਤੇਰੇ ਨਾਲ ਹੀ ਰਹਿੰਦਾ ਹੈ ॥੩॥
20135	440	ਸਤਿਗੁਰ ਮਿਲਿਐ ਧਾਵਤੁ ਥੰਮ੍ਹਿਆ ਨਿਜ ਘਰਿ ਵਸਿਆ ਆਏ॥		Sathigur Miliai Dhhaavath Thhanmihaaa Nij Ghar Vasiaa Aaeae ||	Meeting the True Guru, the wandering mind is held steady; it comes to abide in its own home.	ਜੇ ਗੁਰੂ ਮਿਲ ਪਏ ਤਾਂ ਇਹ ਭਟਕਦਾ ਮਨ (ਭਟਕਣਾ ਵਲੋਂ) ਰੁਕ ਜਾਂਦਾ ਹੈ, ਤੇ ਫਿਰ ਪ੍ਰਭੂ ਹੀ ਮਨ ਵਿੱਚ ਰਹਿੰਦਾ ਹੈ।

20136	440	ਨਾਮੁ ਵਿਹਾਝੇ ਨਾਮੁ ਲਏ ਨਾਮਿ ਰਹੇ ਸਮਾਏ॥	(ਵਿਹਾਝੇ) ਖਰੀਦੇ	Naam Vihaajhae Naam Leae Naam Rehae Samaaeae ||	It purchases the Naam, chants the Naam, and remains absorbed in the Naam.	(ਫਿਰ ਇਹ) ਪਰਮਾਤਮਾ ਦੇ ਨਾਮ ਦਾ ਸੌਦਾ ਕਰਦਾ ਹੈ (ਭਾਵ,) ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ, ਨਾਮ ਵਿਚ ਲੀਨ ਰਹਿੰਦਾ ਹੈ।
20137	441	ਧਾਵਤੁ ਥੰਮ੍ਹਿਆ ਸਤਿਗੁਰਿ ਮਿਲਿਐ ਦਸਵਾਦੁਆਰੁ ਪਾਇਆ॥		Dhhaavath Thhanmihaaa Sathigur Miliai Dhasavaa Dhuaar Paaeiaa ||	The outgoing, wandering soul, upon meeting the True Guru, opens the Tenth Gate.	(ਜੇ ਗੁਰੂ ਮਿਲ ਪਏ ਤਾਂ ਭਟਕਦਾ ਮਨ (ਭਟਕਣ ਵਲੋਂ) ਰੁਕ ਜਾਂਦਾ ਹੈ (ਇਹੀ ਆਤਮਕ ਅਵਸਥਾ ਹੈ ਉਹ) ਦਸਵਾਂ ਦਰਵਾਜ਼ਾ ਜੋ ਇਸ ਨੂੰ ਲੱਭ ਪੈਂਦਾ ਹੈ (ਜੋ ਗਿਆਨ-ਇੰਦ੍ਰਿਆਂ ਤੇ ਕਰਮ-ਇੰਦ੍ਰਿਆਂ ਤੋਂ ਉੱਚਾ ਰਹਿੰਦਾ ਹੈ)।
20138	441	ਤਿਥੈ ਅੰਮ੍ਰਿਤ ਭੋਜਨੁ ਸਹਜ ਧੁਨਿ ਉਪਜੈ ਜਿਤੁ ਸਬਦਿ ਜਗਤੁ ਥੰਮ੍ਹਿ ਰਹਾਇਆ॥	ਜੱਗਤੁ	Thithhai Anmrith Bhojan Sehaj Dhhun Oupajai Jith Sabadh Jagath Thhanmih Rehaaeiaa ||	There, Ambrosial Nectar is food and the celestial music resounds; the world is held spell-bound by the music of the Word.	ਉਸ ਆਤਮਕ ਅਵਸਥਾ ਵਿਚ (ਪਹੁੰਚ ਕੇ ਇਹ ਮਨ) ਆਤਮਕ ਜੀਵਨ ਦੇਣ ਵਾਲੇ ਨਾਮ ਦੀ ਖ਼ੁਰਾਕ ਖਾਂਦਾ ਹੈ; (ਇਸ ਦੇ ਅੰਦਰ) ਆਤਮਕ ਅਡੋਲਤਾ ਦੀ ਰੌ ਚੱਲ ਪੈਂਦੀ ਹੈ, ਉਸ ਆਤਮਕ ਅਵਸਥਾ ਵਿਚ (ਇਹ ਮਨ) ਗੁਰ-ਸ਼ਬਦ ਦੀ ਬਰਕਤਿ ਨਾਲ ਦੁਨੀਆ ਦੇ ਮੋਹ ਨੂੰ ਰੋਕ ਰੱਖਦਾ ਹੈ।

20139	441	ਤਹ ਅਨੇਕ ਵਾਜੇ ਸਦਾ ਅਨਦੁ ਹੈ ਸਚੇ ਰਹਿਆ ਸਮਾਏ॥		Theh Anaek Vaajae Sadhaa Anadh Hai Sachae Rehiaa Samaaeae ||	The many strains of the unstruck melody resound there, as one merges in Truth.	(ਜਿਵੇਂ ਅਨੇਕਾਂ ਕਿਸਮਾਂ ਦੇ ਸਾਜ ਵੱਜਣ ਨਾਲ ਬੜਾ ਸੁੰਦਰ ਰਾਗ ਪੈਦਾ ਹੁੰਦਾ ਹੈ, ਤਿਵੇਂ) ਉਸ ਆਤਮਕ ਅਵਸਥਾ ਵਿਚ (ਮਨ ਦੇ ਅੰਦਰ, ਮਾਨੋ) ਅਨੇਕਾਂ ਸੰਗੀਤਕ ਸਾਜ ਵੱਜਣ ਲੱਗ ਪੈਂਦੇ ਹਨ, ਇਸ ਦੇ ਅੰਦਰ ਸਦਾ ਆਨੰਦ ਬਣਿਆ ਰਹਿੰਦਾ ਹੈ, ਮਨ ਸਦਾ-ਥਿਰ ਪਰਮਾਤਮਾ ਵਿਚ ਲੀਨ ਰਹਿੰਦਾ ਹੈ।
20140	441	ਇਉ ਕਹੈ ਨਾਨਕੁ ਸਤਿਗੁਰਿ ਮਿਲਿਐ ਧਾਵਤੁ ਥੰਮ੍ਹਿਆ ਨਿਜ ਘਰਿ ਵਸਿਆ ਆਏ॥੪॥		Eio Kehai Naanak Sathigur Miliai Dhhaavath Thhanmihaaa Nij Ghar Vasiaa Aaeae ||4||	Thus says Nanak: by meeting the True Guru, the wandering soul becomes steady, and comes to dwell in the home of its own self. ||4||	ਨਾਨਕ ਇਉਂ ਦੱਸਦਾ ਹੈ ਕਿ ਗੁਰੂ ਮਿਲ ਪਏ ਤਾਂ ਇਹ ਭਟਕਦਾ ਮਨ (ਭਟਕਣ ਵਲੋਂ) ਰੁਕ ਜਾਂਦਾ ਹੈ, ਤੇ ਪ੍ਰਭੂ-ਚਰਨਾਂ ਵਿਚ ਆ ਟਿਕਦਾ ਹੈ ॥੪॥
20141	441	ਮਨ ਤੂੰ ਜੋਤਿ ਸਰੂਪੁ ਹੈ ਆਪਣਾ ਮੂਲੁ ਪਛਾਣੁ॥		Man Thoon Joth Saroop Hai Aapanaa Mool Pashhaan ||	O my mind, you are the embodiment of the Divine Light - recognize your own origin.	ਹੇ ਮੇਰੇ ਮਨ! ਤੂੰ ਉਸ ਪਰਮਾਤਮਾ ਦੀ ਅੰਸ ਹੈਂ ਜੋ ਨਿਰਾ ਨੂਰ ਹੀ ਨੂਰ ਹੈ (ਹੇ ਮਨ!) ਆਪਣੇ ਉਸ ਅਸਲੇ ਨਾਲ ਸਾਂਝ ਬਣਾ।

20142	441	ਮਨ ਹਰਿ ਜੀ ਤੇਰੈ ਨਾਲਿ ਹੈ ਗੁਰਮਤੀ ਰੰਗੁ ਮਾਣੁ॥		Man Har Jee Thaerai Naal Hai Guramathee Rang Maan ||	O my mind, the Dear Lord is with you; through the Guru's Teachings, enjoy His Love.	ਹੇ ਮਨ! ਉਹ ਪਰਮਾਤਮਾ ਸਦਾ ਤੇਰੇ ਅੰਗ-ਸੰਗ ਵੱਸਦਾ ਹੈ, ਗੁਰੂ ਦੀ ਮਤਿ ਲੈ ਕੇ ਉਸ ਦੇ ਮਿਲਾਪ ਦਾ ਸੁਆਦ ਲੈ।
20143	441	ਮੂਲੁ ਪਛਾਣਹਿ ਤਾਂ ਸਹੁ ਜਾਣਹਿ ਮਰਣ ਜੀਵਣ ਕੀ ਸੋਝੀ ਹੋਈ॥	ਜਾਣਹਿ	Mool Pashhaanehi Thaan Sahu Jaanehi Maran Jeevan Kee Sojhee Hoee ||	Acknowledge your origin, and then you shall know your Husband Lord, and so understand death and birth.	ਹੇ ਮਨ! ਜੇ ਤੂੰ ਆਪਣਾ ਅਸਲਾ ਸਮਝ ਲਏਂ ਤਾਂ ਉਸ ਖਸਮ-ਪ੍ਰਭੂ ਨਾਲ ਤੇਰੀ ਡੂੰਘੀ ਜਾਣ-ਪਛਾਣ ਬਣ ਜਾਏਗੀ, ਤਦੋਂ ਤੈਨੂੰ ਇਹ ਸਮਝ ਭੀ ਆ ਜਾਇਗੀ ਕਿ ਆਤਮਕ ਮੌਤ ਕੀਹ ਚੀਜ਼ ਹੈ ਤੇ ਆਤਮਕ ਜ਼ਿੰਦਗੀ ਕੀਹ ਹੈ।
20144	441	ਗੁਰ ਪਰਸਾਦੀ ਏਕੋ ਜਾਣਹਿ ਤਾਂ ਦੂਜਾ ਭਾਉ ਨ ਹੋਈ॥	ਜਾਣਹਿ। (ਦੂਜਾ) ਮਾਇਕੀ। (ਭਾਉ) ਪਿਆਰ।	Gur Parasaadhee Eaeko Jaanehi Thaan Dhoojaa Bhaao N Hoee ||	By Guru's Grace, know the One; then, you shall not love any other.	ਹੇ ਮਨ! ਜੇ ਗੁਰੂ ਦੀ ਕਿਰਪਾ ਨਾਲ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਏਂ, ਤਾਂ ਤੇਰੇ ਅੰਦਰ (ਪਰਮਾਤਮਾ ਤੋਂ ਬਿਨਾ) ਕੋਈ ਹੋਰ ਮੋਹ ਪ੍ਰਬਲ ਨਹੀਂ ਹੋ ਸਕੇਗਾ।
20145	441	ਮਨਿ ਸਾਂਤਿ ਆਈ ਵਜੀ ਵਧਾਈ ਤਾ ਹੋਆ ਪਰਵਾਣੁ॥		Man Saanth Aaee Vajee Vadhhaaee Thaa Hoaa Paravaan ||	Peace comes to the mind, and gladness resounds; then, you shall be acclaimed.	ਜਦੋਂ ਮਨੁੱਖ ਦੇ ਮਨ ਵਿਚ ਸ਼ਾਂਤੀ ਪੈਦਾ ਹੋ ਜਾਂਦੀ ਹੈ ਜਦੋਂ ਇਸ ਦੇ ਅੰਦਰ ਚੜ੍ਹਦੀ ਕਲਾ ਪ੍ਰਬਲ ਹੋ ਜਾਂਦੀ ਹੈ ਤਦੋਂ ਇਹ ਪ੍ਰਭੂ ਦੀ ਹਜ਼ੂਰੀ ਵਿਚ ਕਬੂਲ ਹੋ ਜਾਂਦਾ ਹੈ।

20146	441	ਇਉ ਕਹੈ ਨਾਨਕੁ ਮਨ ਤੂੰ ਜੋਤਿ ਸਰੂਪੁ ਹੈ ਅਪਣਾ ਮੂਲੁ ਪਛਾਣੁ॥੫॥		Eio Kehai Naanak Man Thoon Joth Saroop Hai Apanaa Mool Pashhaan ||5||	Thus says Nanak: O my mind, you are the very image of the Luminous Lord; recognize the true origin of your self. ||5||	ਨਾਨਕ ਇਉਂ ਦੱਸਦਾ ਹੈ-ਹੇ ਮੇਰੇ ਮਨ! ਤੂੰ ਉਸ ਪਰਮਾਤਮਾ ਦੀ ਅੰਸ ਹੈਂ ਜੋ ਨਿਰਾ ਚਾਨਣ ਹੀ ਚਾਨਣ ਹੈ (ਹੇ ਮਨ! ਆਪਣੇ ਉਸ ਅਸਲੇ ਨਾਲ ਸਾਂਝ ਬਣਾ ॥੫॥
20147	441	ਮਨ ਤੂੰ ਗਾਰਬਿ ਅਟਿਆ ਗਾਰਬਿ ਲਦਿਆ ਜਾਹਿ॥	(ਗਾਰਬਿ) ਹੰਕਾਰ ਨਾਲ। (ਅੱਟਿਆ) ਲੱਦਿਆ	Man Thoon Gaarab Attiaa Gaarab Ladhiaa Jaahi ||	O mind, you are so full of pride; loaded with pride, you shall depart.	ਹੇ ਮਨ! ਤੂੰ (ਹੁਣ) ਅਹੰਕਾਰ ਨਾਲ ਲਿਬੜਿਆ ਪਿਆ ਹੈਂ, ਅਹੰਕਾਰ ਨਾਲ ਲੱਦਿਆ ਹੋਇਆ ਹੀ (ਜਗਤ ਤੋਂ) ਚਲਾ ਜਾਵੇਂਗਾ,
20148	441	ਮਾਇਆ ਮੋਹਣੀ ਮੋਹਿਆ ਫਿਰਿ ਫਿਰਿ ਜੂਨੀ ਭਵਾਹਿ॥		Maaeiaa Mohanee Mohiaa Fir Fir Joonee Bhavaahi ||	The fascinating Maya has fascinated you, over and over again, and lured you into reincarnation.	(ਵੇਖਣ ਨੂੰ) ਸੋਹਣੀ ਮਾਇਆ ਨੇ ਤੈਨੂੰ (ਆਪਣੇ) ਮੋਹ ਵਿਚ ਫਸਾਇਆ ਹੋਇਆ ਹੈ (ਇਸ ਦਾ ਨਤੀਜਾ ਇਹ ਨਿਕਲੇਗਾ ਕਿ) ਤੈਨੂੰ ਮੁੜ ਮੁੜ ਅਨੇਕਾਂ ਜੂਨਾਂ ਵਿਚ ਪਾਇਆ ਜਾਇਗਾ।
20149	441	ਗਾਰਬਿ ਲਾਗਾ ਜਾਹਿ ਮੁਗਧ ਮਨ ਅੰਤਿ ਗਇਆ ਪਛੁਤਾਵਹੇ॥	ਪਛੁਤਾਵ-ਹੇ	Gaarab Laagaa Jaahi Mugadhh Man Anth Gaeiaa Pashhuthaavehae ||	Clinging to pride, you shall depart, O foolish mind, and in the end, you shall regret and repent.	ਹੇ ਮੂਰਖ ਮਨ! ਜਦੋਂ ਤੂੰ ਅਹੰਕਾਰ ਵਿਚ ਫਸਿਆ ਹੋਇਆ ਹੀ (ਇਥੋਂ) ਤੁਰੇਂਗਾ ਤਾਂ ਤੁਰਨ ਵੇਲੇ ਹੱਥ ਮਲੇਂਗਾ,
20150	441	ਅਹੰਕਾਰੁ ਤਿਸਨਾ ਰੋਗੁ ਲਗਾ ਬਿਰਥਾ ਜਨਮੁ ਗਵਾਵਹੇ॥	ਗਵਾਵ-ਹੇ	Ahankaar Thisanaa Rog Lagaa Birathhaa Janam Gavaavehae ||	You are afflicted with the diseases of ego and desire, and you are wasting your life away in vain.	ਤੈਨੂੰ ਅਹੰਕਾਰ ਚੰਬੜਿਆ ਹੋਇਆ ਹੈ ਤੈਨੂੰ ਤ੍ਰਿਸ਼ਨਾ ਦਾ ਰੋਗ ਲੱਗਾ ਹੋਇਆ ਹੈ ਤੂੰ (ਇਹ ਮਨੁੱਖਾ) ਜਨਮ ਵਿਅਰਥ ਗਵਾ ਰਿਹਾ ਹੈਂ।

20151	441	ਮਨਮੁਖ ਮੁਗਧ ਚੇਤਹਿ ਨਾਹੀ ਅਗੈ ਗਇਆ ਪਛੁਤਾਵਹੇ॥	ਗ-ਇਆ। ਪਛੁਤਾਵ-ਹੇ	Manamukh Mugadhh Chaethehi Naahee Agai Gaeiaa Pashhuthaavehae ||	The foolish self-willed manmukh does not remember the Lord, and shall regret and repent hereafter.	ਹੇ ਆਪ-ਹੁਦਰੇ ਮੂਰਖ ਮਨ! ਤੂੰ ਪਰਮਾਤਮਾ ਨੂੰ ਨਹੀਂ ਸਿਮਰਦਾ, ਪਰਲੋਕ ਜਾ ਕੇ ਅਫਸੋਸ ਕਰੇਂਗਾ।
20152	441	ਇਉ ਕਹੈ ਨਾਨਕੁ ਮਨ ਤੂੰ ਗਾਰਬਿ ਅਟਿਆ ਗਾਰਬਿ ਲਦਿਆ ਜਾਵਹੇ॥੬॥	ਲੱਦਿਆ ਜਾਵਹੇ	Eio Kehai Naanak Man Thoon Gaarab Attiaa Gaarab Ladhiaa Jaavehae ||6||	Thus says Nanak: O mind, you are full of pride; loaded with pride, you shall depart. ||6||	(ਤੈਨੂੰ) ਨਾਨਕ ਇਉਂ ਦੱਸਦਾ ਹੈ ਕਿ ਤੂੰ ਇੱਥੇ ਅਹੰਕਾਰ ਨਾਲ ਭਰਿਆ ਹੋਇਆ ਹੈਂ (ਜਗਤ ਤੋਂ ਤੁਰਨ ਵੇਲੇ ਭੀ) ਅਹੰਕਾਰ ਨਾਲ ਲੱਦਿਆ ਹੋਇਆ ਹੀ ਜਾਵੇਂਗਾ ॥੬॥
20153	441	ਮਨ ਤੂੰ ਮਤ ਮਾਣੁ ਕਰਹਿ ਜਿ ਹਉ ਕਿਛੁ ਜਾਣਦਾ ਗੁਰਮੁਖਿ ਨਿਮਾਣਾ ਹੋਹੁ॥		Man Thoon Math Maan Karehi J Ho Kishh Jaanadhaa Guramukh Nimaanaa Hohu ||	O mind, don't be so proud of yourself, as if you know it all; the Gurmukh is humble and modest.	ਹੇ ਮਨ! ਵੇਖੀਂ, ਕਿਤੇ ਇਹ ਮਾਣ ਨਾਹ ਕਰ ਬੈਠੀਂ ਕਿ ਮੈਂ ਸਿਆਣਾ ਹਾਂ, ਗੁਰੂ ਦੀ ਸਰਨ ਪੈ ਕੇ ਮਾਣ ਤਿਆਗੀ ਰੱਖ।
20154	441	ਅੰਤਰਿ ਅਗਿਆਨੁ ਹਉ ਬੁਧਿ ਹੈ ਸਚਿ ਸਬਦਿ ਮਲੁ ਖੋਹੁ॥		Anthar Agiaan Ho Budhh Hai Sach Sabadh Mal Khohu ||	Within the intellect are ignorance and ego; through the True Word of the Shabad, this filth is washed off.	(ਹੇ ਮਨ!) ਤੇਰੇ ਅੰਦਰ ਪਰਮਾਤਮਾ ਤੋਂ ਵਿੱਥ ਹੈ, ਤੇਰੇ ਅੰਦਰ 'ਮੈਂ, ਮੈਂ' ਕਰਨ ਵਾਲੀ ਅਕਲ ਹੈ, ਇਸ ਮੈਲ ਨੂੰ ਸਦਾ-ਥਿਰ ਹਰਿ-ਨਾਮ ਵਿਚ ਜੁੜ ਕੇ ਗੁਰੂ ਦੇ ਸ਼ਬਦ ਵਿਚ ਟਿਕ ਕੇ ਦੂਰ ਕਰ।

20155	441	ਹੋਹੁ ਨਿਮਾਣਾ ਸਤਿਗੁਰੂ ਅਗੈ ਮਤ ਕਿਛੁ ਆਪੁ ਲਖਾਵਹੇ॥	ਲਖਾਵ-ਹੇ	Hohu Nimaanaa Sathiguroo Agai Math Kishh Aap Lakhaavehae ||	So be humble, and surrender to the True Guru; do not attach your identity to your ego.	ਹੇ ਮਨ! ਨਿਰਮਾਣ ਹੋ ਕੇ ਗੁਰੂ ਦੇ ਚਰਨਾਂ ਵਿਚ ਢਹਿ ਪਉ। ਵੇਖੀਂ, ਕਿਤੇ ਆਪਣਾ ਆਪ ਜਤਾਣ ਨਾਹ ਲੱਗ ਪਈਂ।
20156	441	ਆਪਣੈ ਅਹੰਕਾਰਿ ਜਗਤੁ ਜਲਿਆ ਮਤ ਤੂੰ ਆਪਣਾ ਆਪੁ ਗਵਾਵਹੇ॥	ਜੱਗਤੁ	Aapanai Ahankaar Jagath Jaliaa Math Thoon Aapanaa Aap Gavaavehae ||	The world is consumed by ego and self-identity; see this, lest you lose your own self as well.	ਜਗਤ ਆਪਣੇ ਹੀ ਅਹੰਕਾਰ ਵਿਚ ਸੜ ਰਿਹਾ ਹੈ, ਵੇਖੀਂ ਕਿਤੇ ਤੂੰ ਭੀ (ਅਹੰਕਾਰ ਵਿਚ ਪੈ ਕੇ) ਆਪਣੇ ਆਪ ਦਾ ਨਾਸ ਨਾ ਕਰ ਲਈਂ।
20157	441	ਸਤਿਗੁਰ ਕੈ ਭਾਣੈ ਕਰਹਿ ਕਾਰ ਸਤਿਗੁਰ ਕੈ ਭਾਣੈ ਲਾਗਿ ਰਹੁ॥		Sathigur Kai Bhaanai Karehi Kaar Sathigur Kai Bhaanai Laag Rahu ||	Make yourself follow the Sweet Will of the True Guru; remain attached to His Sweet Will.	(ਇਸ ਖ਼ਤਰੇ ਤੋਂ ਤਾਂ ਹੀ ਬਚੇਂਗਾ, ਜੇ) ਤੂੰ ਗੁਰੂ ਦੇ ਹੁਕਮ ਵਿਚ ਤੁਰ ਕੇ ਕੰਮ ਕਰੇਂਗਾ। (ਸੋ, ਹੇ ਮਨ!) ਗੁਰੂ ਦੇ ਹੁਕਮ ਵਿਚ ਟਿਕਿਆ ਰਹੁ।
20158	441	ਇਉ ਕਹੈ ਨਾਨਕੁ ਆਪੁ ਛਡਿ ਸੁਖ ਪਾਵਹਿ ਮਨ ਨਿਮਾਣਾ ਹੋਇ ਰਹੁ॥੭॥		Eio Kehai Naanak Aap Shhadd Sukh Paavehi Man Nimaanaa Hoe Rahu ||7||	Thus says Nanak: renounce your ego and self-conceit, and obtain peace; let your mind abide in humility. ||7||	(ਹੇ ਮਨ! ਤੈਨੂੰ) ਨਾਨਕ ਇਉਂ ਸਮਝਾਂਦਾ ਹੈ-ਹੇ ਮਨ! ਅਹੰਕਾਰ ਛੱਡ ਦੇ, ਅਹੰਕਾਰ ਛੱਡ ਕੇ ਸੁਖ ਪਾਵੇਂਗਾ ॥੭॥

20159	441	ਧੰਨੁ ਸੁ ਵੇਲਾ ਜਿਤੁ ਮੈ ਸਤਿਗੁਰੁ ਮਿਲਿਆ ਸੋ ਸਹੁ ਚਿਤਿ ਆਇਆ॥		Dhhann S Vaelaa Jith Mai Sathigur Miliaa So Sahu Chith Aaeiaa ||	Blessed is that time, when I met the True Guru, and my Husband Lord came into my consciousness.	ਉਹ ਵੇਲਾ ਭਾਗਾਂ ਵਾਲਾ ਸੀ ਜਦੋਂ ਮੈਨੂੰ ਗੁਰੂ ਮਿਲ ਪਿਆ ਸੀ (ਤੇ, ਗੁਰੂ ਦੀ ਕਿਰਪਾ ਨਾਲ) ਉਹ ਖਸਮ-ਪ੍ਰਭੂ ਮੇਰੇ ਚਿੱਤ ਵਿਚ ਆ ਵੱਸਿਆ;
20160	441	ਮਹਾ ਅਨੰਦੁ ਸਹਜੁ ਭਇਆ ਮਨਿ ਤਨਿ ਸੁਖੁ ਪਾਇਆ॥	ਭਇਆ	Mehaa Anandh Sehaj Bhaeiaa Man Than Sukh Paaeiaa ||	I became so very blissful, and my mind and body found such a natural peace.	ਮੇਰੇ ਅੰਦਰ ਬੜਾ ਆਨੰਦ ਪੈਦਾ ਹੋਇਆ, ਮੇਰੇ ਅੰਦਰ ਆਤਮਕ ਅਡੋਲਤਾ ਪੈਦਾ ਹੋ ਗਈ, ਮੇਰੇ ਮਨ ਨੇ ਮੇਰੇ ਹਿਰਦੇ ਨੇ ਸੁਖ ਅਨੁਭਵ ਕੀਤਾ।
20161	441	ਸੋ ਸਹੁ ਚਿਤਿ ਆਇਆ ਮੰਨਿ ਵਸਾਇਆ ਅਵਗਣ ਸਭਿ ਵਿਸਾਰੇ॥		So Sahu Chith Aaeiaa Mann Vasaaeiaa Avagan Sabh Visaarae ||	My Husband Lord came into my consciousness; I enshrined Him within my mind, and I renounced all vice.	(ਗੁਰੂ ਦੀ ਕਿਰਪਾ ਨਾਲ) ਉਹ ਖਸਮ-ਪ੍ਰਭੂ ਮੇਰੇ ਚਿੱਤ ਵਿਚ ਆ ਵੱਸਿਆ, (ਗੁਰੂ ਨੇ ਪ੍ਰਭੂ ਨੂੰ) ਮੇਰੇ ਮਨ ਵਿਚ ਵਸਾ ਦਿੱਤਾ, ਤੇ ਮੇਰੇ ਸਾਰੇ ਹੀ ਔਗੁਣ ਭੁਲਾ ਦਿੱਤੇ।
20162	441	ਜਾ ਤਿਸੁ ਭਾਣਾ ਗੁਣ ਪਰਗਟ ਹੋਏ ਸਤਿਗੁਰ ਆਪਿ ਸਵਾਰੇ॥		Jaa This Bhaanaa Gun Paragatt Hoeae Sathigur Aap Savaarae ||	When it pleased Him, virtues appeared in me, and the True Guru Himself adorned me.	ਜਦੋਂ ਉਸ ਮਾਲਕ ਨੂੰ ਚੰਗਾ ਲੱਗਦਾ ਹੈ ਉਸ ਦੇ ਗੁਣ ਮਨੁੱਖ ਦੇ ਅੰਦਰ ਰੌਸ਼ਨ ਹੋ ਜਾਂਦੇ ਹਨ, ਗੁਰੂ ਆਪ ਉਸ ਮਨੁੱਖ ਦੇ ਜੀਵਨ ਨੂੰ ਸੋਹਣਾ ਬਣਾ ਦੇਂਦਾ ਹੈ।

20163	441	ਸੇ ਜਨ ਪਰਵਾਣੁ ਹੋਏ ਜਿਨੀ ਇਕੁ ਨਾਮੁ ਦਿੜਿਆ ਦੁਤੀਆ ਭਾਉ ਚੁਕਾਇਆ॥	(ਦੁਤੀਆ) ਦੂਜਾ	Sae Jan Paravaan Hoeae Jinhee Eik Naam Dhirriaa Dhutheeaa Bhaao Chukaaeiaa ||	Those humble beings become acceptable, who cling to the One Name and renounce the love of duality.	ਜੇਹੜੇ ਮਨੁੱਖ ਸਿਰਫ਼ ਹਰਿ-ਨਾਮ ਨੂੰ ਆਪਣੇ ਹਿਰਦੇ ਵਿਚ ਪੱਕਾ ਕਰ ਲੈਂਦੇ ਹਨ, ਤੇ ਮਾਇਆ ਦਾ ਮੋਹ ਅੰਦਰੋਂ ਦੂਰ ਕਰ ਲੈਂਦੇ ਹਨ ਉਹ ਪਰਮਾਤਮਾ ਦੀ ਦਰਗਹ ਵਿਚ ਕਬੂਲ ਹੋ ਜਾਂਦੇ ਹਨ।
20164	441	ਇਉ ਕਹੈ ਨਾਨਕੁ ਧੰਨੁ ਸੁ ਵੇਲਾ ਜਿਤੁ ਮੈ ਸਤਿਗੁਰੁ ਮਿਲਿਆ ਸੋ ਸਹੁ ਚਿਤਿ ਆਇਆ॥੮॥	ਵੇਲਾ: ਪੋਲਾ ਬੋਲੋ	Eio Kehai Naanak Dhann S Vaelaa Jith Mai Sathigur Miliaa So Sahu Chith Aaeiaa ||8||	Thus says Nanak: blessed is the time when I met the True Guru, and my Husband Lord came into my consciousness. ||8||	ਨਾਨਕ ਇਉਂ ਆਖਦਾ ਹੈ-ਭਾਗਾਂ ਵਾਲਾ ਸੀ ਉਹ ਵੇਲਾ ਜਦੋਂ ਮੈਨੂੰ ਗੁਰੂ ਮਿਲ ਪਿਆ ਸੀ ਤੇ (ਗੁਰੂ ਦੀ ਕਿਰਪਾ ਨਾਲ) ਉਹ ਖਸਮ-ਪ੍ਰਭੂ ਮੇਰੇ ਚਿੱਤ ਵਿਚ ਆ ਵੱਸਿਆ ਸੀ ॥੮॥
20165	441	ਇਕਿ ਜੰਤ ਭਰਮਿ ਭੁਲੇ ਤਿਨਿ ਸਹਿ ਆਪਿ ਭੁਲਾਏ॥	(ਆਪਿ) ਹੰਕਾਰ ਕਰਕੇ। ਭੁਲਾਏ	Eik Janth Bharam Bhulae Thin Sehi Aap Bhulaaeae ||	Some people wander around, deluded by doubt; their Husband Lord Himself has misled them.	ਅਨੇਕਾਂ ਜੀਵ ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਪਏ ਹੋਏ ਹਨ, (ਉਸ ਪੈਦਾ ਕਰਨ ਵਾਲੇ) ਖਸਮ-ਪ੍ਰਭੂ ਨੇ ਆਪ ਹੀ ਕੁਰਾਹੇ ਪਾਏ ਹੋਏ ਹਨ,
20166	441	ਦੂਜੈ ਭਾਇ ਫਿਰਹਿ ਹਉਮੈ ਕਰਮ ਕਮਾਏ॥		Dhoojai Bhaae Firehi Houmai Karam Kamaaeae ||	They wander around in the love of duality, and they do their deeds in ego.	ਅਜੇਹੇ ਜੀਵ ਹਉਮੈ ਦੇ ਆਸਰੇ ਕੰਮ ਕਰ ਕਰ ਕੇ ਮਾਇਆ ਦੇ ਮੋਹ ਵਿਚ ਭਟਕਦੇ ਹਨ।

20167	441	ਤਿਨਿ ਸਹਿ ਆਪਿ ਭੁਲਾਏ ਕੁਮਾਰਗਿ ਪਾਏ ਤਿਨ ਕਾ ਕਿਛੁ ਨ ਵਸਾਈ॥	(ਵਸਾਈ) ਵੱਸ ਜ਼ੋਰ	Thin Sehi Aap Bhulaaeae Kumaarag Paaeae Thin Kaa Kishh N Vasaaee ||	Their Husband Lord Himself has misled them, and put them on the path of evil. Nothing lies in their power.	ਉਸ ਖਸਮ ਪ੍ਰਭੂ ਨੇ ਆਪ (ਉਹਨਾਂ ਨੂੰ) ਸਹੀ ਰਸਤੇ ਤੋਂ ਖੁੰਝਾਇਆ ਹੋਇਆ ਹੈ ਤੇ ਕੁਰਾਹੇ ਪਾਇਆ ਹੋਇਆ ਹੈ, ਉਹਨਾਂ ਜੀਵਾਂ ਦਾ ਕੋਈ ਜ਼ੋਰ ਨਹੀਂ ਚੱਲਦਾ (ਕਿ ਆਪਣੇ ਉੱਦਮ ਨਾਲ ਕੁਮਾਰਗ ਛੱਡ ਦੇਣ)।
20168	441	ਤਿਨ ਕੀ ਗਤਿ ਅਵਗਤਿ ਤੂੰਹੈ ਜਾਣਹਿ ਜਿਨਿ ਇਹ ਰਚਨ ਰਚਾਈ॥		Thin Kee Gath Avagath Thoonhai Jaanehi Jin Eih Rachan Rachaaee ||	You alone know their ups and downs, You, who created the creation.	ਹੇ ਪ੍ਰਭੂ! ਜਿਸ ਤੈਂ ਨੇ ਇਹ ਜਗਤ-ਰਚਨਾ ਰਚੀ ਹੋਈ ਹੈ ਤੂੰ ਆਪ ਹੀ (ਕੁਰਾਹੇ ਪਏ ਹੋਏ) ਉਹਨਾਂ ਜੀਵਾਂ ਦੀ ਚੰਗੀ ਮੰਦੀ ਆਤਮਕ ਹਾਲਤ ਜਾਣਦਾ ਹੈਂ (ਜਿਸ ਅਨੁਸਾਰ ਤੂੰ ਉਹਨਾਂ ਨੂੰ ਕੁਰਾਹੇ ਪਾਇਆ ਹੈ)।
20169	441	ਹੁਕਮੁ ਤੇਰਾ ਖਰਾ ਭਾਰਾ ਗੁਰਮੁਖਿ ਕਿਸੈ ਬੁਝਾਏ॥	ਬੁੱਝਾਏ	Hukam Thaeraa Kharaa Bhaaraa Guramukh Kisai Bujhaaeae ||	The Command of Your Will is very strict; how rare is the Gurmukh who understands.	ਤੇਰਾ ਹੁਕਮ ਬੜਾ ਡਾਢਾ ਹੈ (ਜਿਸ ਕਰ ਕੇ ਜੀਵ ਕੁਰਾਹੇ ਪਏ ਹੋਏ ਹਨ)। ਕਿਸੇ ਵਿਰਲੇ ਭਾਗਾਂ ਵਾਲੇ ਨੂੰ ਖਸਮ-ਪ੍ਰਭੂ ਗੁਰੂ ਦੀ ਸਰਨ ਪਾ ਕੇ ਆਪਣਾ ਹੁਕਮ ਸਮਝਾਂਦਾ ਹੈ।
20170	441	ਇਉ ਕਹੈ ਨਾਨਕੁ ਕਿਆ ਜੰਤ ਵਿਚਾਰੇ ਜਾ ਤੁਧੁ ਭਰਮਿ ਭੁਲਾਏ॥੯॥		Eio Kehai Naanak Kiaa Janth Vichaarae Jaa Thudhh Bharam Bhulaaeae ||9||	Thus says Nanak: what can the poor creatures do, when You mislead them into doubt? ||9||	ਨਾਨਕ ਇਉਂ ਆਖਦਾ ਹੈ-ਹੇ ਪ੍ਰਭੂ! ਜੇ ਤੂੰ ਆਪ ਹੀ ਜੀਵਾਂ ਨੂੰ ਮਾਇਆ ਦੀ ਭਟਕਣਾ ਵਿਚ ਪਾ ਕੇ ਜ਼ਿੰਦਗੀ ਦੇ ਮੰਦੇ ਰਸਤੇ ਪਾਇਆ ਹੋਇਆ ਹੈ, ਤਾਂ ਇਹ ਵਿਚਾਰੇ ਜੀਵ ਕੀਹ ਕਰ ਸਕਦੇ ਹਨ? ॥੯॥

20171	442	ਸਚੇ ਮੇਰੇ ਸਾਹਿਬਾ ਸਚੀ ਤੇਰੀ ਵਡਿਆਈ॥		Sachae Maerae Saahibaa Sachee Thaeree Vaddiaaee ||	O My True Lord Master, True is Your glorious greatness.	ਹੇ ਮੇਰੇ ਸਦਾ-ਥਿਰ ਮਾਲਕ! ਤੇਰਾ ਵਡੱਪਣ ਭੀ ਸਦਾ ਕਾਇਮ ਰਹਿਣ ਵਾਲਾ ਹੈ।
20172	442	ਤੂੰ ਪਾਰਬ੍ਰਹਮੁ ਬੇਅੰਤੁ ਸੁਆਮੀ ਤੇਰੀ ਕੁਦਰਤਿ ਕਹਣੁ ਨ ਜਾਈ॥		Thoon Paarabreham Baeanth Suaamee Thaeree Kudharath Kehan N Jaaee ||	You are the Supreme Lord God, the Infinite Lord and Master. Your creative power cannot be described.	ਤੂੰ ਬੇਅੰਤ ਮਾਲਕ ਹੈਂ, ਤੂੰ ਪਾਰਬ੍ਰਹਮ ਹੈਂ ਤੇਰੀ ਤਾਕਤ ਬਿਆਨ ਨਹੀਂ ਕੀਤੀ ਜਾ ਸਕਦੀ।
20173	442	ਸਚੀ ਤੇਰੀ ਵਡਿਆਈ ਜਾ ਕਉ ਤੁਧੁ ਮੰਨਿ ਵਸਾਈ ਸਦਾ ਤੇਰੇ ਗੁਣ ਗਾਵਹੇ॥		Sachee Thaeree Vaddiaaee Jaa Ko Thudhh Mann Vasaaee Sadhaa Thaerae Gun Gaavehae ||	True is Your glorious greatness; when You enshrine it within the mind, one sings Your Glorious Praises forever.	ਹੇ ਪ੍ਰਭੂ! ਤੇਰੀ ਵਡਿਆਈ ਸਦਾ ਕਾਇਮ ਰਹਿਣ ਵਾਲੀ ਹੈ, ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਤੂੰ ਇਹ ਵਡਿਆਈ ਵਸਾ ਦਿੱਤੀ ਹੈ, ਉਹ ਸਦਾ ਤੇਰੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਹਨ।
20174	442	ਤੇਰੇ ਗੁਣ ਗਾਵਹਿ ਜਾ ਤੁਧੁ ਭਾਵਹਿ ਸਚੇ ਸਿਉ ਚਿਤੁ ਲਾਵਹੇ॥		Thaerae Gun Gaavehi Jaa Thudhh Bhaavehi Sachae Sio Chith Laavehae ||	He sings Your Glorious Praises, when it is pleasing to You, O True Lord; he centers his consciousness on You.	ਪਰ ਤਦੋਂ ਹੀ ਤੇਰੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਹਨ ਜਦੋਂ ਤੈਨੂੰ ਉਹ ਚੰਗੇ ਲੱਗਦੇ ਹਨ, ਫਿਰ ਉਹ ਤੇਰੇ ਸਦਾ-ਥਿਰ ਸਰੂਪ ਵਿਚ ਆਪਣਾ ਚਿੱਤ ਜੋੜੀ ਰੱਖਦੇ ਹਨ।

20175	442	ਜਿਸ ਨੋ ਤੂੰ ਆਪੇ ਮੇਲਹਿ ਸੁ ਗੁਰਮੁਖਿ ਰਹੈ ਸਮਾਈ॥		Jis No Thoon Aapae Maelehi S Guramukh Rehai Samaaee ||	One whom You unite with Yourself, as Gurmukh, remains absorbed in You.	ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਆਪ ਹੀ ਆਪਣੇ ਚਰਨਾਂ ਵਿਚ ਜੋੜਦਾ ਹੈਂ ਉਹ ਗੁਰੂ ਦੀ ਸਰਨ ਪੈ ਕੇ ਤੇਰੀ ਯਾਦ ਵਿਚ ਲੀਨ ਰਹਿੰਦਾ ਹੈ।
20176	442	ਇਉ ਕਹੈ ਨਾਨਕੁ ਸਚੇ ਮੇਰੇ ਸਾਹਿਬਾ ਸਚੀ ਤੇਰੀ ਵਡਿਆਈ॥੧੦॥੨॥੭॥੫॥੨॥੭॥		Eio Kehai Naanak Sachae Maerae Saahibaa Sachee Thaeree Vaddiaaee ||10||2||7||5||2||7||	Thus says Nanak: O my True Lord Master, True is Your Glorious Greatness. ||10||2||7||5||2||7||	(ਤੇਰਾ ਦਾਸ) ਨਾਨਕ ਇਉਂ ਆਖਦਾ ਹੈ-ਹੇ ਮੇਰੇ ਸਦਾ ਕਾਇਮ ਰਹਿਣ ਵਾਲੇ ਮਾਲਕ! ਤੇਰੀ ਵਡਿਆਈ ਭੀ ਸਦਾ ਕਾਇਮ ਰਹਿਣ ਵਾਲੀ ਹੈ ॥੧੦॥੨॥੭॥੫॥੨॥੭॥
20177	442	ਰਾਗੁ ਆਸਾ ਛੰਤ ਮਹਲਾ ੪ ਘਰੁ ੧		Raag Aasaa Shhanth Mehalaa 4 Ghar 1	Raag Aasaa, Chhant, Fourth Mehl, First House:	ਰਾਗ ਆਸਾ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਛੰਤ'।
20178	442	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
20179	442	ਜੀਵਨੋ ਮੈ ਜੀਵਨੁ ਪਾਇਆ ਗੁਰਮੁਖਿ ਭਾਏ ਰਾਮ॥	(ਭਾਏ) ਪ੍ਰੇਮ	Jeevano Mai Jeevan Paaeiaa Guramukh Bhaaeae Raam ||	Life - I have found real life, as Gurmukh, through His Love.	ਮੈਨੂੰ ਆਤਮਕ ਜੀਵਨ ਲੱਭ ਪਿਆ ਮੈਨੂੰ ਆਤਮਕ ਜੀਵਨ ਲੱਭ ਪਿਆ, ਜਦੋਂ ਗੁਰੂ ਦੀ ਸਰਨ ਪਿਆਂ ਮੈਨੂੰ ਪ੍ਰਭੂ ਜੀ ਪਿਆਰੇ ਲੱਗਣ ਲੱਗ ਪਏ।

20180	442	ਹਰਿ ਨਾਮੋ ਹਰਿ ਨਾਮੁ ਦੇਵੈ ਮੇਰੈ ਪ੍ਰਾਨਿ ਵਸਾਏ ਰਾਮ॥		Har Naamo Har Naam Dhaevai Maerai Praan Vasaaeae Raam ||	The Lord's Name - He has given me the Lord's Name, and enshrined it within my breath of life.	ਹੁਣ ਗੁਰੂ ਮੈਨੂੰ ਹਰ ਵੇਲੇ ਹਰੀ ਦਾ ਨਾਮ ਹੀ ਦੇਈ ਜਾਂਦਾ ਹੈ, ਗੁਰੂ ਨੇ ਮੇਰੇ ਹਰੇਕ ਸਾਹ ਵਿਚ ਹਰਿ-ਨਾਮ ਵਸਾ ਦਿੱਤਾ ਹੈ।
20181	442	ਹਰਿ ਹਰਿ ਨਾਮੁ ਮੇਰੈ ਪ੍ਰਾਨਿ ਵਸਾਏ ਸਭੁ ਸੰਸਾ ਦੂਖੁ ਗਵਾਇਆ॥	(ਸੰਸਾ) ਚਿੰਤਾ	Har Har Naam Maerai Praan Vasaaeae Sabh Sansaa Dhookh Gavaaeiaa ||	He has enshrined the Name of the Lord, Har, Har within my breath of lfe, and all my doubts and sorrows have departed.	(ਜਦੋਂ ਦਾ ਗੁਰੂ ਨੇ) ਮੇਰੇ ਹਰੇਕ ਸਾਹ ਵਿਚ ਹਰਿ-ਨਾਮ ਵਸਾ ਦਿੱਤਾ ਹੈ ਮੈਂ ਆਪਣਾ ਹਰੇਕ ਸਹਮ ਹਰੇਕ ਦੁੱਖ ਮੁਕਾ ਬੈਠਾ ਹਾਂ।
20182	442	ਅਦਿਸਟੁ ਅਗੋਚਰੁ ਗੁਰ ਬਚਨਿ ਧਿਆਇਆ ਪਵਿਤ੍ਰ ਪਰਮਪਦੁ ਪਾਇਆ॥	ਅਦਿਸਟੁ। ਅਗੋਚਰੁ	Adhisatt Agochar Gur Bachan Dhhiaaeiaa Pavithr Param Padh Paaeiaa ||	I have meditated on the invisible and unapproachable Lord, through the Guru's Word, and I have obtained the pure, supreme status.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮੈਂ ਉਸ ਪਰਮਾਤਮਾ ਨੂੰ ਸਿਮਰਿਆ ਹੈ ਜੇਹੜਾ (ਇਹਨਾਂ ਅੱਖਾਂ ਨਾਲ) ਨਹੀਂ ਦਿੱਸਦਾ ਜੇਹੜਾ ਮਨੁੱਖੀ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, (ਸਿਮਰਨ ਦਾ ਸਦਕਾ) ਮੈਂ ਸਭ ਤੋਂ ਉੱਚਾ ਤੇ ਪਵਿਤ੍ਰ ਆਤਮਕ ਮਰਤਬਾ ਹਾਸਲ ਕਰ ਲਿਆ ਹੈ,

20183	442	ਅਨਹਦ ਧੁਨਿ ਵਾਜਹਿ ਨਿਤ ਵਾਜੇ ਗਾਈ ਸਤਿਗੁਰ ਬਾਣੀ॥	ਵਾੱਜੇ	Anehadh Dhhun Vaajehi Nith Vaajae Gaaee Sathigur Baanee ||	The unstruck melody resounds, and the instruments ever vibrate, singing the Bani of the True Guru.	ਜਦੋਂ ਤੋਂ ਮੈਂ ਸਤਿਗੁਰੂ ਦੀ ਬਾਣੀ ਗਾਈ ਸ਼ੁਰੂ ਕੀਤੀ ਹੈ (ਮੇਰੇ ਅੰਦਰ ਆਤਮਕ ਆਨੰਦ ਦੀ ਇਕ ਅਤੁੱਟ ਲਹਰ ਚੱਲ ਪਈ ਹੈ, ਇਉਂ ਜਾਪਦਾ ਹੈ ਜਿਵੇਂ ਮੇਰੇ ਅੰਦਰ) ਕਦੇ ਨਾਹ ਮੁੱਕਣ ਵਾਲੀ ਸੁਰ ਨਾਲ ਸੰਗੀਤਕ ਸਾਜ ਸਦਾ ਵੱਜਦੇ ਰਹਿੰਦੇ ਹਨ।
20184	442	ਨਾਨਕ ਦਾਤਿ ਕਰੀ ਪ੍ਰਭਿ ਦਾਤੈ ਜੋਤੀ ਜੋਤਿ ਸਮਾਣੀ॥੧॥		Naanak Dhaath Karee Prabh Dhaathai Jothee Joth Samaanee ||1||	O Nanak, God the Great Giver has given me a gift; He has blended my light into the Light. ||1||	ਹੇ ਨਾਨਕ! ਦਾਤਾਰ ਪ੍ਰਭੂ ਨੇ ਇਹ ਬਖ਼ਸ਼ਸ਼ ਕੀਤੀ ਹੈ, ਹੁਣ ਮੇਰੀ ਜਿੰਦ ਪ੍ਰਭੂ ਦੀ ਜੋਤਿ ਵਿਚ ਟਿਕੀ ਰਹਿੰਦੀ ਹੈ ॥੧॥
20185	442	ਮਨਮੁਖਾ ਮਨਮੁਖਿ ਮੁਏ ਮੇਰੀ ਕਰਿ ਮਾਇਆ ਰਾਮ॥		Manamukhaa Manamukh Mueae Maeree Kar Maaeiaa Raam ||	The self-willed manmukhs die in their self-willed stubbornness, declaring that the wealth of Maya is theirs.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਆਪ-ਹੁਦਰੇ ਮਨੁੱਖ 'ਮੇਰੀ ਮਾਇਆ, ਮੇਰੀ ਮਾਇਆ' ਆਖ ਆਖ ਕੇ ਹੀ ਆਤਮਕ ਮੌਤੇ ਮਰ ਗਏ,

20186	442	ਖਿਨੁ ਆਵੈ ਖਿਨੁ ਜਾਵੈ ਦੁਰਗੰਧ ਮੜੈ ਚਿਤੁ ਲਾਇਆ ਰਾਮ॥	ਵਿਸ਼ੇ ਰੂਪ ਦੁਰਗੰਧੀ ਦਾ (ਮੜੈ) ਸ੍ਰੀਰ	Khin Aavai Khin Jaavai Dhuragandhh Marrai Chith Laaeiaa Raam ||	They attach their consciousness to the foul-smelling pile of filth, which comes for a moment, and departs in an instant.	ਉਹਨਾਂ ਦਾ ਮਨ (ਮਾਇਆ ਦੇ ਲਾਭ ਵੇਲੇ) ਇਕ ਖਿਨ ਵਿਚ ਮੱਚ ਪੈਂਦਾ ਹੈ (ਮਾਇਆ ਦੀ ਹਾਨੀ ਵੇਲੇ) ਇਕ ਖਿਨ ਵਿਚ ਹੀ ਢਹਿ ਪੈਂਦਾ ਹੈ, ਉਹ ਆਪਣੇ ਮਨ ਨੂੰ ਸਦਾ ਇਸ ਬਦ-ਬੋ ਭਰੇ ਸਰੀਰ ਦੇ ਮੋਹ ਵਿਚ ਜੋੜੀ ਰੱਖਦੇ ਹਨ।
20187	442	ਲਾਇਆ ਦੁਰਗੰਧ ਮੜੈ ਚਿਤੁ ਲਾਗਾ ਜਿਉ ਰੰਗੁ ਕਸੁੰਭ ਦਿਖਾਇਆ॥		Laaeiaa Dhuragandhh Marrai Chith Laagaa Jio Rang Kasunbh Dhikhaaeiaa ||	They attach their consciousness to the foul-smelling pile of filth, which is transitory, like the fading color of the safflower.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਸਦਾ ਦੁਰਗੰਧ-ਭਰੇ ਸਰੀਰ ਦੇ ਮੋਹ ਵਿਚ ਹੀ ਆਪਣੇ ਚਿੱਤ ਨੂੰ ਲਾਈ ਰੱਖਦੇ ਹਨ। ਉਹਨਾਂ ਦਾ ਚਿੱਤ ਸਰੀਰਕ ਮੋਹ ਵਿਚ ਲੱਗਾ ਰਹਿੰਦਾ ਹੈ (ਪਰ ਇਹ ਸਰੀਰਕ ਸੁਖ ਦੁੱਖ ਇਉਂ ਹੈ) ਜਿਵੇਂ ਕਸੁੰਭੇ ਦੇ ਫੁੱਲ ਦਾ ਰੰਗ ਵੇਖੀਦਾ ਹੈ (ਵੇਖਣ ਨੂੰ ਸ਼ੋਖ, ਪਰ ਝਬਦੇ ਹੀ ਫਿੱਕਾ ਪੈ ਜਾਣ ਵਾਲਾ),
20188	442	ਖਿਨੁ ਪੂਰਬਿ ਖਿਨੁ ਪਛਮਿ ਛਾਏ ਜਿਉ ਚਕੁ ਕੁਮ੍ਹਿਆਰਿ ਭਵਾਇਆ॥	ਕੁਮ੍ਹਿਆਰਿ: ਕੁ ਬੋਲੋ	Khin Poorab Khin Pashham Shhaaeae Jio Chak Kumihaaar Bhavaaeiaa ||	One moment, they are facing east, and the next instant, they are facing west; they continue spinning around, like the potter's wheel.	ਜਿਵੇਂ ਪਰਛਾਵਾਂ (ਸੂਰਜ ਦੇ ਚੜ੍ਹਨ ਢਲਣ ਦੇ ਆਸਰੇ) ਕਦੇ ਚੜ੍ਹਦੇ ਪਾਸੇ ਹੋ ਜਾਂਦਾ ਹੈ ਕਦੇ ਲਹਿੰਦੇ ਪਾਸੇ ਹੋ ਜਾਂਦਾ ਹੈ, ਜਿਵੇਂ ਉਹ ਚੱਕ ਹੈ, ਜਿਸ ਨੂੰ ਕੁਮ੍ਹਿਆਰ ਨੇ ਚੱਕਰ ਦਿੱਤਾ ਹੋਇਆ ਹੈ।

20189	442	ਦੁਖੁ ਖਾਵਹਿ ਦੁਖੁ ਸੰਚਹਿ ਭੋਗਹਿ ਦੁਖ ਕੀ ਬਿਰਧਿ ਵਧਾਈ॥	ਖਾਵ-ਹਿ, ਸੰਚ-ਹਿ, ਭੋਗ-ਹਿ। (ਬਿਰਧਿ) ਵਾਧਾ।	Dhukh Khaavehi Dhukh Sanchehi Bhogehi Dhukh Kee Biradhh Vadhhaaee ||	In sorrow, they eat, and in sorrow, they gather things and try to enjoy them, but they only increase their stores of sorrow.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੁੱਖ ਸਹਾਰਦੇ ਹਨ ਦੁੱਖ ਇਕੱਠੇ ਕਰਦੇ ਰਹਿੰਦੇ ਹਨ ਦੁੱਖ ਭੋਗਦੇ ਰਹਿੰਦੇ ਹਨ, ਉਹਨਾਂ ਨੇ ਆਪਣੇ ਜੀਵਨ ਵਿਚ ਦੁੱਖਾਂ ਦਾ ਹੀ ਵਾਧਾ ਵਧਾਇਆ ਹੁੰਦਾ ਹੈ।
20190	442	ਨਾਨਕ ਬਿਖਮੁ ਸੁਹੇਲਾ ਤਰੀਐ ਜਾ ਆਵੈ ਗੁਰ ਸਰਣਾਈ॥੨॥	(ਬਿਖਮੁ) ਔਖਾ। (ਸੁਹੇਲਾ) ਸੌਖਾ	Naanak Bikham Suhaelaa Thareeai Jaa Aavai Gur Saranaaee ||2||	O Nanak, one easily crosses over the terrifying world-ocean, when he comes to the Sanctuary of the Guru. ||2||	ਪਰ, ਹੇ ਨਾਨਕ! ਜਦੋਂ ਮਨੁੱਖ ਗੁਰੂ ਦੀ ਸਰਨ ਆ ਪੈਂਦਾ ਹੈ, ਤਦੋਂ ਇਹ ਔਖਾ ਤਰਿਆ ਜਾਣ ਵਾਲਾ ਸੰਸਾਰ-ਸਮੁੰਦਰ ਸੌਖਾ ਤਰਿਆ ਜਾ ਸਕਦਾ ਹੈ ॥੨॥
20191	442	ਮੇਰਾ ਠਾਕੁਰੋ ਠਾਕੁਰੁ ਨੀਕਾ ਅਗਮ ਅਥਾਹਾ ਰਾਮ॥	(ਨੀਕਾ) ਸੋਹਣਾ	Maeraa Thaakuro Thaakur Neekaa Agam Athhaahaa Raam ||	My Lord, my Lord Master is sublime, unapproachable and unfathomable.	ਮੇਰਾ ਮਾਲਕ ਸੋਹਣਾ ਹੈ, ਮੇਰਾ ਮਾਲਕ-ਪ੍ਰਭੂ ਸੋਹਣਾ ਹੈ, (ਪਰ ਮੇਰੀ ਸਮਝ-ਸਿਆਣਪ ਦੀ) ਪਹੁੰਚ ਤੋਂ ਪਰੇ ਹੈ, ਉਹ ਇਕ ਐਸਾ ਸਮੁੰਦਰ ਹੈ ਜਿਸ ਦੀ ਹਾਥ ਨਹੀਂ ਲੱਭਦੀ।
20192	442	ਹਰਿ ਪੂਜੀ ਹਰਿ ਪੂਜੀ ਚਾਹੀ ਮੇਰੇ ਸਤਿਗੁਰ ਸਾਹਾ ਰਾਮ॥	ਪੂੰਜੀ	Har Poojee Har Poojee Chaahee Maerae Sathigur Saahaa Raam ||	The wealth of the Lord - I seek the wealth of the Lord, from my True Guru, the Divine Banker.	(ਤਾਂਹੀਏਂ) ਹੇ ਮੇਰੇ ਸ਼ਾਹ! ਹੇ ਮੇਰੇ ਸਤਿਗੁਰੂ! ਮੈਂ (ਤੇਰੇ ਪਾਸੋਂ) ਹਰਿ-ਨਾਮ ਦੀ ਪੂੰਜੀ ਮੰਗਦਾ ਹਾਂ।

20193	442	ਹਰਿ ਪੂਜੀ ਚਾਹੀ ਨਾਮੁ ਬਿਸਾਹੀ ਗੁਣ ਗਾਵੈ ਗੁਣ ਭਾਵੈ॥	ਪੂੰਜੀ। (ਬਿਸਾਹੀ) ਖ੍ਰੀਦਿਆ।	Har Poojee Chaahee Naam Bisaahee Gun Gaavai Gun Bhaavai ||	I seek the wealth of the Lord, to purchase the Naam; I sing and love the Glorious Praises of the Lord.	ਜੇਹੜਾ ਮਨੁੱਖ ਹਰਿ-ਨਾਮ-ਸਰਮਾਏ ਦੀ ਭਾਲ ਕਰਦਾ ਹੈ, ਹਰਿ-ਨਾਮ ਦਾ ਵਣਜ ਕਰਦਾ ਹੈ ਉਹ ਸਦਾ ਹਰੀ ਦੇ ਗੁਣ ਗਾਂਦਾ ਰਹਿੰਦਾ ਹੈ, ਗੁਣਾਂ ਦੇ ਕਾਰਨ ਉਹ ਹਰੀ ਨੂੰ ਪਿਆਰਾ ਲੱਗਦਾ ਹੈ।
20194	442	ਨੀਦ ਭੂਖ ਸਭ ਪਰਹਰਿ ਤਿਆਗੀ ਸੁੰਨੇ ਸੁੰਨਿ ਸਮਾਵੈ॥	(ਪਰਹਰਿ) ਦੂਰ ਕਰ	Needh Bhookh Sabh Parehar Thiaagee Sunnae Sunn Samaavai ||	I have totally renounced sleep and hunger, and through deep meditation, I am absorbed into the Absolute Lord.	ਉਹ ਮਨੁੱਖ ਮਾਇਆ ਦੇ ਮੋਹ ਦੀ ਨੀਂਦ ਮਾਇਆ ਦੀ ਭੁੱਖ ਉੱਕਾ ਹੀ ਤਿਆਗ ਦੇਂਦਾ ਹੈ, ਉਹ ਤਾਂ ਸਦਾ ਉਸ ਪਰਮਾਤਮਾ ਵਿਚ ਲੀਨ ਰਹਿੰਦਾ ਹੈ ਜਿਸ ਦੇ ਅੰਦਰ ਕਦੇ ਮਾਇਆ ਦੇ ਫੁਰਨੇ ਉੱਠਦੇ ਹੀ ਨਹੀਂ।
20195	442	ਵਣਜਾਰੇ ਇਕ ਭਾਤੀ ਆਵਹਿ ਲਾਹਾ ਹਰਿ ਨਾਮੁ ਲੈ ਜਾਹੇ॥		Vanajaarae Eik Bhaathee Aavehi Laahaa Har Naam Lai Jaahae ||	The traders of one kind come and take away the Name of the Lord as their profit.	ਜਦੋਂ ਇਕ ਹਰਿ-ਨਾਮ ਦਾ ਵਣਜ ਕਰਨ ਵਾਲੇ ਸਤਸੰਗੀ ਰਲ ਬੈਠਦੇ ਹਨ, ਤਾਂ ਉਹ ਪਰਮਾਤਮਾ ਦੇ ਨਾਮ ਦੀ ਖੱਟੀ ਖੱਟ ਕੇ (ਜਗਤ ਤੋਂ) ਲੈ ਜਾਂਦੇ ਹਨ।

20196	442	ਨਾਨਕ ਮਨੁ ਤਨੁ ਅਰਪਿ ਗੁਰ ਆਗੈ ਜਿਸੁ ਪ੍ਰਾਪਤਿ ਸੋ ਪਾਏ॥੩॥		Naanak Man Than Arap Gur Aagai Jis Praapath So Paaeae ||3||	O Nanak, dedicate your mind and body to the Guru; one who is so destined, attains it. ||3||	ਹੇ ਨਾਨਕ! ਤੂੰ ਭੀ ਆਪਣਾ ਮਨ ਆਪਣਾ ਸਰੀਰ ਗੁਰੂ ਦੇ ਹਵਾਲੇ ਕਰ ਦੇਹ (ਤੇ ਹਰਿ-ਨਾਮ ਦਾ ਸੌਦਾ ਗੁਰੂ ਪਾਸੋਂ ਹਾਸਲ ਕਰ) ਪਰ ਇਹ ਹਰਿ-ਨਾਮ ਦਾ ਸੌਦਾ ਉਹੀ ਮਨੁੱਖ ਹਾਸਲ ਕਰਦਾ ਹੈ ਜਿਸ ਦੇ ਭਾਗਾਂ ਵਿਚ ਧੁਰੋਂ ਲਿਖਿਆ ਹੁੰਦਾ ਹੈ ॥੩॥
20197	442	ਰਤਨਾ ਰਤਨ ਪਦਾਰਥ ਬਹੁ ਸਾਗਰੁ ਭਰਿਆ ਰਾਮ॥		Rathanaa Rathan Padhaarathh Bahu Saagar Bhariaa Raam ||	The great ocean is full of the treasures of jewels upon jewels.	(ਇਹ ਮਨੁੱਖਾ ਸਰੀਰ, ਮਾਨੋ, ਇਕ) ਸਮੁੰਦਰ (ਹੈ, ਜੋ ਆਤਮਕ ਜੀਵਨ ਦੇ ਸ੍ਰੇਸ਼ਟ ਗੁਣਾਂ-ਰੂਪ) ਅਨੇਕਾਂ ਰਤਨਾਂ ਨਾਲ ਨਕਾ-ਨੱਕ ਭਰਿਆ ਪਿਆ ਹੈ।
20198	442	ਬਾਣੀ ਗੁਰਬਾਣੀ ਲਾਗੇ ਤਿਨ੍ਹ ਹਥਿ ਚੜਿਆ ਰਾਮ॥	ਚੜ੍ਹਿਆ	Baanee Gurabaanee Laagae Thinh Hathh Charriaa Raam ||	Those who are committed to the Word of the Guru's Bani, see them come into their hands.	ਜੇਹੜੇ ਮਨੁੱਖ ਹਰ ਵੇਲੇ ਸਤਿਗੁਰੂ ਦੀ ਬਾਣੀ ਵਿਚ ਆਪਣਾ ਮਨ ਜੋੜੀ ਰੱਖਦੇ ਹਨ, ਉਹਨਾਂ ਨੂੰ ਇਹ ਰਤਨ ਮਿਲ ਜਾਂਦੇ ਹਨ।
20199	442	ਗੁਰਬਾਣੀ ਲਾਗੇ ਤਿਨ੍ਹ ਹਥਿ ਚੜਿਆ ਨਿਰਮੋਲਕੁ ਰਤਨੁ ਅਪਾਰਾ॥		Gurabaanee Laagae Thinh Hathh Charriaa Niramolak Rathan Apaaraa ||	This priceless, incomparable jewel comes into the hands of those who are committed to the Word of the Guru's Bani.	ਜੇਹੜੇ ਮਨੁੱਖ ਹਰ ਵੇਲੇ ਸਤਿਗੁਰੂ ਦੀ ਬਾਣੀ ਵਿਚ ਜੁੜੇ ਰਹਿੰਦੇ ਹਨ ਉਹਨਾਂ ਨੂੰ ਬੇਅੰਤ ਪਰਮਾਤਮਾ ਦਾ ਉਹ ਨਾਮ-ਰਤਨ ਮਿਲ ਜਾਂਦਾ ਹੈ ਜਿਸ ਦੇ ਬਰਾਬਰ ਦੀ ਕੀਮਤਿ ਦਾ ਹੋਰ ਕੋਈ ਪਦਾਰਥ ਨਹੀਂ ਹੈ।

20200	442	ਹਰਿ ਹਰਿ ਨਾਮੁ ਅਤੋਲਕੁ ਪਾਇਆ ਤੇਰੀ ਭਗਤਿ ਭਰੇ ਭੰਡਾਰਾ॥	ਅ-ਤੋਲਕੁ	Har Har Naam Atholak Paaeiaa Thaeree Bhagath Bharae Bhanddaaraa ||	They obtain the immeasurable Name of the Lord, Har, Har; their treasure is overflowing with devotional worship.	ਹੇ ਪ੍ਰਭੂ! ਉਹਨਾਂ ਮਨੁੱਖਾਂ ਦੇ ਹਿਰਦੇ ਵਿਚ ਤੇਰੀ ਭਗਤੀ ਦੇ ਖ਼ਜ਼ਾਨੇ ਭਰ ਜਾਂਦੇ ਹਨ ਉਹ ਮਨੁੱਖ ਤੇਰਾ ਉਹ ਨਾਮ-ਰਤਨ ਪ੍ਰਾਪਤ ਕਰ ਲੈਂਦੇ ਹਨ ਜਿਸ ਦੇ ਬਰਾਬਰ ਦੀ ਹੋਰ ਕੋਈ ਚੀਜ਼ ਨਹੀਂ ਹੈ।
20201	442	ਸਮੁੰਦੁ ਵਿਰੋਲਿ ਸਰੀਰੁ ਹਮ ਦੇਖਿਆ ਇਕ ਵਸਤੁ ਅਨੂਪ ਦਿਖਾਈ॥	(ਅਨੂਪ) ਸੁੰਦਰ	Samundh Virol Sareer Ham Dhaekhiaa Eik Vasath Anoop Dhikhaaee ||	I have churned the ocean of the body, and I have seen the incomparable thing come into view.	ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਦੋਂ ਮੈਂ ਆਪਣੇ ਸਰੀਰ-ਸਮੁੰਦਰ ਨੂੰ ਪੜਤਾਲ ਕੇ ਵੇਖਿਆ ਤਾਂ ਗੁਰੂ ਨੇ ਮੈਨੂੰ (ਸਰੀਰ ਦੇ ਅੰਦਰ ਵੱਸਦਾ ਹੀ ਪਰਮਾਤਮਾ ਦਾ ਨਾਮ-ਰੂਪ) ਸੋਹਣਾ ਕੀਮਤੀ ਪਦਾਰਥ ਵਿਖਾ ਦਿੱਤਾ।
20202	442	ਗੁਰ ਗੋਵਿੰਦੁ ਗੋਵਿੰਦੁ ਗੁਰੂ ਹੈ ਨਾਨਕ ਭੇਦੁ ਨ ਭਾਈ॥੪॥੧॥੮॥	ਗੋਵਿੰਦੁ: ਹੋੜੇ ਔਂਕੜ ਵਿਚਾਲੇ ਬੋਲੋ	Gur Govindh Guovindh Guroo Hai Naanak Bhaedh N Bhaaee ||4||1||8||	The Guru is God, and God is the Guru, O Nanak; there is no difference between the two, O Siblings of Destiny. ||4||1||8||	ਹੇ ਨਾਨਕ! ਗੁਰੂ ਪਰਮਾਤਮਾ ਹੈ ਪਰਮਾਤਮਾ ਗੁਰੂ ਹੈ, ਦੋਹਾਂ ਵਿਚ ਕੋਈ ਫ਼ਰਕ ਨਹੀਂ ਹੈ, ਹੇ ਭਾਈ! ॥੪॥੧॥੮॥
20203	442	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	

20204	442	ਝਿਮਿ ਝਿਮੇ ਝਿਮਿ ਝਿਮਿ ਵਰਸੈ ਅੰਮ੍ਰਿਤਧਾਰਾ ਰਾਮ॥	(ਝਿਮਿ ਝਿਮੇ) ਇੱਕ ਰਸ	Jhim Jhimae Jhim Jhim Varasai Anmrith Dhhaaraa Raam ||	Slowly, slowly, slowly, very slowly, the drops of Ambrosial Nectar trickle down.	(ਜਿਵੇਂ ਵਰਖਾ ਰੁੱਤੇ ਜਦੋਂ ਮਿਠੀ ਮਿਠੀ ਫੁਹਾਰ ਪੈਂਦੀ ਹੈ ਤਾਂ ਬੜੀ ਸੁਹਾਵਣੀ ਠੰਡ ਮਹਿਸੂਸ ਕਰੀਦੀ ਹੈ, ਤਿਵੇਂ ਜਿਸ ਮਨੁੱਖ ਨੂੰ ਗੁਰੂ ਮਿਲ ਪਏ ਉਸ ਦੇ ਹਿਰਦੇ ਦੀ ਧਰਤੀ ਉਤੇ) ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ ਧਾਰ ਮਠੀ ਮਠੀ ਵਰਖਾ ਕਰਦੀ ਹੈ ਅਤੇ ਆਤਮਕ ਸ਼ਾਂਤੀ ਬਖ਼ਸ਼ਦੀ ਹੈ।
20205	443	ਗੁਰਮੁਖੇ ਗੁਰਮੁਖਿ ਨਦਰੀ ਰਾਮੁ ਪਿਆਰਾ ਰਾਮ॥		Guramukhae Guramukh Nadharee Raam Piaaraa Raam ||	As Gurmukh, the Gurmukh beholds the Lord, the Beloved Lord.	(ਇਸ ਨਾਮ-ਵਰਖਾ ਦੀ ਬਰਕਤਿ ਨਾਲ) ਗੁਰੂ ਦੇ ਸਨਮੁਖ ਰਹਿਣ ਵਾਲੇ ਉਸ (ਵਡ-ਭਾਗੀ) ਮਨੁੱਖ ਨੂੰ ਪਿਆਰਾ ਪਰਮਾਤਮਾ ਦਿੱਸ ਪੈਂਦਾ ਹੈ।
20206	443	ਰਾਮ ਨਾਮੁ ਪਿਆਰਾ ਜਗਤ ਨਿਸਤਾਰਾ ਰਾਮ ਨਾਮਿ ਵਡਿਆਈ॥		Raam Naam Piaaraa Jagath Nisathaaraa Raam Naam Vaddiaaee ||	The Name of the Lord, the Emancipator of the world, is dear to him; the Name of the Lord is his glory.	ਸਾਰੇ ਜੀਵਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲਾ ਪਰਮਾਤਮਾ ਦਾ ਨਾਮ ਉਸ ਮਨੁੱਖ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ, ਪਰਮਾਤਮਾ ਦੇ ਨਾਮ ਦੀ ਬਰਕਤਿ ਨਾਲ ਉਸ ਨੂੰ (ਲੋਕ-ਪਰਲੋਕ ਵਿਚ) ਆਦਰ-ਮਾਣ ਮਿਲ ਜਾਂਦਾ ਹੈ।

20207	443	ਕਲਿਜੁਗਿ ਰਾਮ ਨਾਮੁ ਬੋਹਿਥਾ ਗੁਰਮੁਖਿ ਪਾਰਿ ਲਘਾਈ॥		Kalijug Raam Naam Bohithhaa Guramukh Paar Laghaaee ||	In this Dark Age of Kali Yuga, the Lord's Name is the boat, which carries the Gurmukh across.	ਵਿਕਾਰਾਂ ਦੇ ਕਾਰਨ ਨਿੱਘਰੀ ਹੋਈ ਆਤਮਕ ਹਾਲਤ ਵੇਲੇ ਪਰਮਾਤਮਾ ਦਾ ਨਾਮ ਜਹਾਜ਼ (ਦਾ ਕੰਮ ਦੇਂਦਾ ਹੈ) ਹੈ, ਗੁਰੂ ਦੀ ਸਰਨ ਪਾ ਕੇ (ਪਰਮਾਤਮਾ ਜੀਵ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ।
20208	443	ਹਲਤਿ ਪਲਤਿ ਰਾਮ ਨਾਮਿ ਸੁਹੇਲੇ ਗੁਰਮੁਖਿ ਕਰਣੀ ਸਾਰੀ॥		Halath Palath Raam Naam Suhaelae Guramukh Karanee Saaree ||	This world, and the world hereafter, are adorned with the Lord's Name; the Gurmukh's lifestyle is the most excellent.	ਜੇਹੜੇ ਮਨੁੱਖ ਪਰਮਾਤਮਾ ਦੇ ਨਾਮ ਵਿਚ ਜੁੜਦੇ ਹਨ ਉਹ ਇਸ ਲੋਕ ਤੇ ਪਰਲੋਕ ਵਿਚ ਸੁਖੀ ਰਹਿੰਦੇ ਹਨ। ਗੁਰੂ ਦੀ ਸਰਨ ਪੈ ਕੇ (ਪਰਮਾਤਮਾ ਦਾ ਨਾਮ ਸਿਮਰਨਾ ਹੀ) ਸਭ ਤੋਂ ਸ੍ਰੇਸ਼ਟ ਕਰਨ-ਜੋਗ ਕੰਮ ਹੈ।
20209	443	ਨਾਨਕ ਦਾਤਿ ਦਇਆ ਕਰਿ ਦੇਵੈ ਰਾਮ ਨਾਮਿ ਨਿਸਤਾਰੀ॥੧॥	(ਨਿਸਤਾਰੀ) ਪਾਰ ਕਰਦਾ	Naanak Dhaath Dhaeiaa Kar Dhaevai Raam Naam Nisathaaree ||1||	O Nanak, bestowing His kindness, the Lord gives the gift of His emancipating Name. ||1||	ਹੇ ਨਾਨਕ! ਮੇਹਰ ਕਰ ਕੇ ਪਰਮਾਤਮਾ ਜਿਸ ਮਨੁੱਖ ਨੂੰ ਆਪਣੇ ਨਾਮ ਦੀ ਦਾਤ ਦੇਂਦਾ ਹੈ ਉਸ ਨੂੰ ਨਾਮ ਵਿਚ ਜੋੜ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ॥੧॥
20210	443	ਰਾਮੋ ਰਾਮ ਨਾਮੁ ਜਪਿਆ ਦੁਖ ਕਿਲਵਿਖ ਨਾਸ ਗਵਾਇਆ ਰਾਮ॥	(ਕਿਲਵਿਖ) ਪਾਪ	Raamo Raam Naam Japiaa Dhukh Kilavikh Naas Gavaaeiaa Raam ||	I chant the Name of the Lord, Raam, Raam, which destroys my sorrows and erases my sins.	(ਜਿਨ੍ਹਾਂ ਮਨੁੱਖਾਂ ਨੇ) ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਿਆ, ਉਹਨਾਂ ਨੇ ਆਪਣੇ ਸਾਰੇ ਦੁੱਖ ਤੇ ਪਾਪ ਨਾਸ ਕਰ ਲਏ।

20211	443	ਗੁਰ ਪਰਚੈ ਗੁਰ ਪਰਚੈ ਧਿਆਇਆ ਮੈ ਹਿਰਦੈ ਰਾਮੁ ਰਵਾਇਆ ਰਾਮ॥	(ਪਰਚੈ) ਆਸਰੇ। (ਰਵਾਇਆ) ਵਸਾਇਆ	Gur Parachai Gur Parachai Dhhiaaeiaa Mai Hiradhai Raam Ravaaeiaa Raam ||	Associating with the Guru, associating with the Guru, I practice meditation; I have enshrined the Lord within my heart.	ਗੁਰੂ ਦੀ ਰਾਹੀਂ ਹਰ ਵੇਲੇ ਆਹਰੇ ਲੱਗ ਕੇ ਮੈਂ ਹਰਿ-ਨਾਮ ਸਿਮਰਨਾ ਸ਼ੁਰੂ ਕੀਤਾ, ਮੈਂ ਆਪਣੇ ਹਿਰਦੇ ਵਿਚ ਪਰਮਾਤਮਾ ਨੂੰ ਵਸਾ ਲਿਆ।
20212	443	ਰਵਿਆ ਰਾਮੁ ਹਿਰਦੈ ਪਰਮਗਤਿ ਪਾਈ ਜਾ ਗੁਰ ਸਰਣਾਈ ਆਏ॥	(ਰਵਿਆ) ਸਿਮਰਿਆ	Raviaa Raam Hiradhai Param Gath Paaee Jaa Gur Saranaaee Aaeae ||	I enshrined the Lord within my heart, and obtained the supreme status, when I came to the Sanctuary of the Guru.	ਜਦੋਂ ਮੈਂ ਗੁਰੂ ਦੀ ਸਰਨ ਆ ਪਿਆ, ਤੇ, ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਇਆ, ਤਾਂ ਮੈਂ ਸਭ ਤੋਂ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲਈ।
20213	443	ਲੋਭ ਵਿਕਾਰ ਨਾਵ ਡੁਬਦੀ ਨਿਕਲੀ ਜਾ ਸਤਿਗੁਰਿ ਨਾਮੁ ਦਿੜਾਏ॥	(ਨਾਵ) ਬੇੜੀ। ਡੁੱਬਦੀ	Lobh Vikaar Naav Ddubadhee Nikalee Jaa Sathigur Naam Dhirraaeae ||	My boat was sinking under the weight of greed and corruption, but it was uplifted when the True Guru implanted the Naam, the Name of the Lord, within me.	ਜਦੋਂ (ਕਿਸੇ ਵਡ-ਭਾਗੀ ਦੇ ਹਿਰਦੇ ਵਿਚ) ਗੁਰੂ ਨੇ ਪਰਮਾਤਮਾ ਦਾ ਨਾਮ ਪੱਕਾ ਕਰ ਕੇ ਵਸਾ ਦਿੱਤਾ, ਤਾਂ ਲੋਭ ਆਦਿਕ ਵਿਕਾਰਾਂ (ਦੇ ਹੜ੍ਹ) ਵਿਚ ਡੁੱਬ ਰਹੀ ਉਸ ਦੀ (ਜ਼ਿੰਦਗੀ ਦੀ) ਬੇੜੀ ਬਾਹਰ ਨਿਕਲ ਆਈ।
20214	443	ਜੀਅ ਦਾਨੁ ਗੁਰਿ ਪੂਰੈ ਦੀਆ ਰਾਮ ਨਾਮਿ ਚਿਤੁ ਲਾਏ॥		Jeea Dhaan Gur Poorai Dheeaa Raam Naam Chith Laaeae ||	The Perfect Guru has given me the gift of spiritual life, and I center my consciousness on the Lord's Name.	ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਆਤਮਕ ਜੀਵਨ ਦੀ ਦਾਤ ਬਖ਼ਸ਼ੀ, ਉਸ ਨੇ ਆਪਣਾ ਚਿੱਤ ਪਰਮਾਤਮਾ ਦੇ ਨਾਮ ਵਿਚ ਜੋੜ ਲਿਆ।

20215	443	ਆਪਿ ਕ੍ਰਿਪਾਲੁ ਕ੍ਰਿਪਾ ਕਰਿ ਦੇਵੈ ਨਾਨਕ ਗੁਰ ਸਰਣਾਏ॥੨॥		Aap Kirapaal Kirapaa Kar Dhaevai Naanak Gur Saranaaeae ||2||	The Merciful Lord Himself has mercifully given this gift to me; O Nanak, I take to the Sanctuary of the Guru. ||2||	ਹੇ ਨਾਨਕ! ਗੁਰੂ ਦੀ ਸਰਨ ਪਾ ਕੇ ਦਰਿਆ ਦਾ ਘਰ ਪਰਮਾਤਮਾ ਆਪ ਹੀ ਕਿਰਪਾ ਕਰ ਕੇ (ਆਪਣੇ ਨਾਮ ਦੀ ਦਾਤਿ) ਦੇਂਦਾ ਹੈ ॥੨॥
20216	443	ਬਾਣੀ ਰਾਮ ਨਾਮ ਸੁਣੀ ਸਿਧਿ ਕਾਰਜ ਸਭਿ ਸੁਹਾਏ ਰਾਮ॥	ਸਿੱਧਿ	Baanee Raam Naam Sunee Sidhh Kaaraj Sabh Suhaaeae Raam ||	Hearing the Bani of the Lord's Name, all my affairs were brought to perfection and embellished.	ਜਿਸ ਮਨੁੱਖ ਨੇ ਗੁਰੂ ਦੀ ਬਾਣੀ ਸੁਣੀ, ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣੀ, ਉਸ ਨੂੰ (ਮਨੁੱਖਾ ਜਨਮ-ਮਨੋਰਥ ਵਿਚ) ਕਾਮਯਾਬੀ ਹਾਸਲ ਹੋ ਗਈ, ਉਸ ਦੇ ਸਾਰੇ ਕੰਮ ਸਫਲ ਹੋ ਗਏ।
20217	443	ਰੋਮੇ ਰੋਮਿ ਰੋਮਿ ਰੋਮੇ ਮੈ ਗੁਰਮੁਖਿ ਰਾਮੁ ਧਿਆਏ ਰਾਮ॥		Romae Rom Rom Romae Mai Guramukh Raam Dhhiaaeae Raam ||	With each and every hair, with each and every hair, as Gurmukh, I meditate on the Lord.	ਮੈਂ ਭੀ ਗੁਰੂ ਦੀ ਸਰਨ ਪੈ ਕੇ ਰੋਮ ਰੋਮ ਰਾਹੀਂ ਪਰਮਾਤਮਾ ਦਾ ਨਾਮ ਸਿਮਰ ਰਿਹਾ ਹਾਂ।
20218	443	ਰਾਮ ਨਾਮੁ ਧਿਆਏ ਪਵਿਤੁ ਹੋਇ ਆਏ ਤਿਸੁ ਰੂਪੁ ਨ ਰੇਖਿਆ ਕਾਈ॥	(ਕਾਈ) ਕੋਈ	Raam Naam Dhhiaaeae Pavith Hoe Aaeae This Roop N Raekhiaa Kaaee ||	I meditate on the Lord's Name, and become pure; He has no form or shape.	ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਸਿਮਰਿਆ ਉਹ ਪਵਿਤ੍ਰ ਜੀਵਨ ਵਾਲਾ ਬਣ ਕੇ ਉਸ ਪ੍ਰਭੂ ਦੇ ਦਰ ਤੇ ਜਾ ਪਹੁੰਚਿਆ ਜਿਸ ਦਾ ਕੋਈ ਖਾਸ ਸਰੂਪ ਨਹੀਂ ਦੱਸਿਆ ਜਾ ਸਕਦਾ ਜਿਸ ਦਾ ਕੋਈ ਖਾਸ ਚਿਹਨ-ਚਕ੍ਰ ਨਹੀਂ ਬਿਆਨ ਕੀਤਾ ਜਾ ਸਕਦਾ।

20219	443	ਰਾਮੋ ਰਾਮੁ ਰਵਿਆ ਘਟ ਅੰਤਰਿ ਸਭ ਤ੍ਰਿਸਨਾ ਭੂਖ ਗਵਾਈ॥		Raamo Raam Raviaa Ghatt Anthar Sabh Thrisanaa Bhookh Gavaaee ||	The Name of the Lord, Raam, Raam, is permeating my heart deep within, and all of my desire and hunger has disappeared.	ਜਿਸ ਮਨੁੱਖ ਨੇ ਹਰ ਵੇਲੇ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਸਿਮਰਿਆ, ਉਸ ਨੇ (ਆਪਣੇ ਅੰਦਰੋਂ) ਮਾਇਆ ਦੀ ਭੁੱਖ ਤ੍ਰੇਹ ਦੂਰ ਕਰ ਲਈ,
20220	443	ਮਨੁ ਤਨੁ ਸੀਤਲੁ ਸੀਗਾਰੁ ਸਭੁ ਹੋਆ ਗੁਰਮਤਿ ਰਾਮੁ ਪ੍ਰਗਾਸਾ॥	(ਸੀਤਲੁ) ਠੰਢਾ	Man Than Seethal Seegaar Sabh Hoaa Guramath Raam Pragaasaa ||	My mind and body are totally adorned with peace and tranquility; through the Guru's Teachings, the Lord has been revealed to me.	ਉਸ ਦਾ ਮਨ ਉਸ ਦਾ ਹਿਰਦਾ ਠੰਢਾ-ਠਾਰ ਹੋ ਗਿਆ, ਉਸ ਦੇ ਆਤਮਕ ਜੀਵਨ ਨੂੰ ਹਰੇਕ ਕਿਸਮ ਦਾ ਸਹਜ ਹਾਸਲ ਹੋ ਗਿਆ, ਗੁਰੂ ਦੀ ਸਿੱਖਿਆ ਦੀ ਬਰਕਤਿ ਨਾਲ ਉਸ ਦੇ ਅੰਦਰ ਪਰਮਾਤਮਾ ਦਾ ਨਾਮ ਰੌਸ਼ਨ ਹੋ ਗਿਆ।
20221	443	ਨਾਨਕ ਆਪਿ ਅਨੁਗ੍ਰਹੁ ਕੀਆ ਹਮ ਦਾਸਨਿ ਦਾਸਨਿ ਦਾਸਾ॥੩॥	(ਅ-ਨੁੱਗ੍ਰਹੁ) ਕ੍ਰਿਪਾ	Naanak Aap Anugrahu Keeaa Ham Dhaasan Dhaasan Dhaasaa ||3||	The Lord Himself has shown His kind mercy to Nanak; He has made me the slave of the slaves of His slaves. ||3||	ਹੇ ਨਾਨਕ! (ਆਖ-) ਜਦੋਂ ਤੋਂ ਪਰਮਾਤਮਾ ਨੇ ਆਪ ਮੇਰੇ ਉੱਤੇ ਮੇਹਰ ਕੀਤੀ ਹੈ ਮੈਂ ਉਸ ਦੇ ਦਾਸਾਂ ਦੇ ਦਾਸਾਂ ਦਾ ਦਾਸ ਬਣ ਗਿਆ ਹਾਂ ॥੩॥
20222	443	ਜਿਨੀ ਰਾਮੋ ਰਾਮ ਨਾਮੁ ਵਿਸਾਰਿਆ ਸੇ ਮਨਮੁਖ ਮੂੜ ਅਭਾਗੀ ਰਾਮ॥	ਅਭਾਗੀ	Jinee Raamo Raam Naam Visaariaa Sae Manamukh Moorr Abhaagee Raam ||	Those who forget the Name of the Lord, Raam, Raam, are foolish, unfortunate, self-willed manmukhs.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਜਿਨ੍ਹਾਂ ਬੰਦਿਆਂ ਨੇ ਪਰਮਾਤਮਾ ਦਾ ਨਾਮ ਭੁਲਾ ਦਿੱਤਾ, ਉਹ ਮੂਰਖ ਬਦ-ਕਿਸਮਤ ਹੀ ਰਹੇ।

20223	443	ਤਿਨ ਅੰਤਰੇ ਮੋਹੁ ਵਿਆਪੈ ਖਿਨੁ ਖਿਨੁ ਮਾਇਆ ਲਾਗੀ ਰਾਮ॥		Thin Antharae Mohu Viaapai Khin Khin Maaeiaa Laagee Raam ||	Within, they are engrossed in emotional attachment; each and every moment, Maya clings to them.	ਉਹਨਾਂ ਦੇ ਅੰਦਰ ਮੋਹ ਜੋਰ ਪਾਈ ਰੱਖਦਾ ਹੈ, ਉਹਨਾਂ ਨੂੰ ਹਰ ਵੇਲੇ ਮਾਇਆ ਚੰਬੜੀ ਰਹਿੰਦੀ ਹੈ।
20224	443	ਮਾਇਆ ਮਲੁ ਲਾਗੀ ਮੂੜ ਭਏ ਅਭਾਗੀ ਜਿਨ ਰਾਮ ਨਾਮੁ ਨਹ ਭਾਇਆ॥	(ਮੂੜ) ਮੂਰਖ	Maaeiaa Mal Laagee Moorr Bheae Abhaagee Jin Raam Naam Neh Bhaaeiaa ||	The filth of Maya clings to them, and they become unfortunate fools - they do not love the Lord's Name.	ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਦਾ ਨਾਮ ਪਿਆਰਾ ਨਹੀਂ ਲੱਗਦਾ, ਉਹ ਮੂਰਖ ਬਦ-ਕਿਸਮਤ ਹੀ ਰਹਿੰਦੇ ਹਨ, ਉਹਨਾਂ ਨੂੰ ਸਦਾ ਮਾਇਆ (ਦੇ ਮੋਹ) ਦੀ ਮੈਲ ਲੱਗੀ ਰਹਿੰਦੀ ਹੈ।
20225	443	ਅਨੇਕ ਕਰਮ ਕਰਹਿ ਅਭਿਮਾਨੀ ਹਰਿ ਰਾਮੋ ਨਾਮੁ ਚੋਰਾਇਆ॥		Anaek Karam Karehi Abhimaanee Har Raamo Naam Choraaeiaa ||	The egotistical and proud perform all sorts of rituals, but they shy away from the Lord's Name.	(ਨਾਮ ਭੁਲਾ ਕੇ ਜਿਉਂ ਜਿਉਂ ਉਹ ਹੋਰ ਹੋਰ) ਧਾਰਮਿਕ ਰਸਮਾਂ ਕਰਦੇ ਹਨ (ਵਧੀਕ) ਅਹੰਕਾਰੀ ਹੁੰਦੇ ਜਾਂਦੇ ਹਨ (ਇਹ ਕੀਤੀਆਂ ਧਾਰਮਿਕ ਰਸਮਾਂ ਉਹਨਾਂ ਦੇ ਅੰਦਰੋਂ, ਸਗੋਂ) ਪਰਮਾਤਮਾ ਦਾ ਨਾਮ ਚੁਰਾ ਲੈ ਜਾਂਦੀਆਂ ਹਨ।
20226	443	ਮਹਾ ਬਿਖਮੁ ਜਮ ਪੰਥੁ ਦੁਹੇਲਾ ਕਾਲੂਖਤ ਮੋਹ ਅੰਧਿਆਰਾ॥	(ਦੁਹੇਲਾ) ਦੁੱਖਦਾਈ। ਪਾਪਾਂ ਦੀ (ਕਾਲੂਖਤ)ਕਾਲਖ ਕਰਕੇ	Mehaa Bikham Jam Panthh Dhuhaelaa Kaalookhath Moh Andhhiaaraa ||	The path of Death is very arduous and painful; it is stained with the darkness of emotional attachment.	(ਜੀਵਨ-ਸਫ਼ਰ ਵਿਚ ਉਹ) ਜਮਾਂ ਵਾਲਾ ਰਸਤਾ (ਫੜੀ ਰੱਖਦੇ ਹਨ ਜੋ) ਬੜਾ ਔਖਾ ਹੈ ਜੋ ਦੁੱਖਾਂ-ਭਰਿਆ ਹੈ ਅਤੇ ਜਿਥੇ ਮਾਇਆ ਦੇ ਮੋਹ ਦੀ ਕਾਲਖ ਦੇ ਕਾਰਨ (ਆਤਮਕ ਜੀਵਨ ਵਲੋਂ) ਹਨੇਰਾ ਹੀ ਹਨੇਰਾ ਹੈ।

20227	443	ਨਾਨਕ ਗੁਰਮੁਖਿ ਨਾਮੁ ਧਿਆਇਆ ਤਾ ਪਾਏ ਮੋਖ ਦੁਆਰਾ॥੪॥		Naanak Guramukh Naam Dhhiaaeiaa Thaa Paaeae Mokh Dhuaaraa ||4||	O Nanak, the Gurmukh meditates on the Naam, and finds the gate of salvation. ||4||	ਹੇ ਨਾਨਕ! ਜਦੋਂ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰਦਾ ਹੈ ਤਦੋਂ (ਮਾਇਆ ਦੇ ਮੋਹ ਆਦਿਕ ਤੋਂ) ਖ਼ਲਾਸੀ ਦਾ ਰਸਤਾ ਲੱਭ ਲੈਂਦਾ ਹੈ ॥੪॥
20228	443	ਰਾਮੋ ਰਾਮ ਨਾਮੁ ਗੁਰੂ ਰਾਮੁ ਗੁਰਮੁਖੇ ਜਾਣੈ ਰਾਮ॥		Raamo Raam Naam Guroo Raam Guramukhae Jaanai Raam ||	The Name of the Lord, Raam, Raam, and the Lord Guru, are known by the Gurmukh.	(ਜੇਹੜਾ ਮਨੁੱਖ) ਗੁਰੂ ਦੀ ਰਾਹੀਂ, ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਨਾਲ ਡੂੰਘੀ ਸਾਂਝ ਪਾਂਦਾ ਹੈ,
20229	443	ਇਹੁ ਮਨੂਆ ਖਿਨੁ ਊਭ ਪਇਆਲੀ ਭਰਮਦਾ ਇਕਤੁ ਘਰਿ ਆਣੈ ਰਾਮ॥	(ਊਭ) ਅਕਾਸ਼। (ਪ-ਇਆਲੀ) ਪਤਾਲ਼	Eihu Manooaa Khin Oobh Paeiaalee Bharamadhaa Eikath Ghar Aanai Raam ||	One moment, this mind is in the heavens, and the next, it is in the nether regions; the Guru brings the wandering mind back to one-pointedness.	ਉਹ ਆਪਣੇ ਇਸ ਮਨ ਨੂੰ ਪ੍ਰਭੂ-ਚਰਨਾਂ ਵਿਚ ਲਿਆ ਟਿਕਾਂਦਾ ਹੈ ਜੇਹੜਾ ਹਰ ਵੇਲੇ ਕਦੇ ਅਹੰਕਾਰ ਵਿਚ ਤੇ ਕਦੇ ਢਹਿੰਦੀ ਕਲਾ ਵਿਚ ਭਟਕਦਾ ਫਿਰਦਾ ਹੈ।
20230	443	ਮਨੁ ਇਕਤੁ ਘਰਿ ਆਣੈ ਸਭ ਗਤਿ ਮਿਤਿ ਜਾਣੈ ਹਰਿ ਰਾਮੋ ਨਾਮੁ ਰਸਾਏ॥	(ਰਸਾਏ) ਰਸ ਮਾਣਦਾ	Man Eikath Ghar Aanai Sabh Gath Mith Jaanai Har Raamo Naam Rasaaeae ||	When the mind returns to one-pointedness, one totally understands the value of salvation, and enjoys the subtle essence of the Lord's Name.	ਉਹ ਮਨੁੱਖ ਆਪਣੇ ਮਨ ਨੂੰ ਇੱਕ ਪਰਮਾਤਮਾ ਦੇ ਚਰਨਾਂ ਵਿਚ ਟਿਕਾ ਲੈਂਦਾ ਹੈ, ਉਹ ਆਤਮਕ ਜੀਵਨ ਦੀ ਹਰੇਕ ਮਰਯਾਦਾ ਨੂੰ ਸਮਝ ਲੈਂਦਾ ਹੈ ਤੇ ਉਹ ਪਰਮਾਤਮਾ ਦੇ ਨਾਮ ਦਾ ਆਨੰਦ ਮਾਣਦਾ ਰਹਿੰਦਾ ਹੈ।

20231	443	ਜਨ ਕੀ ਪੈਜ ਰਖੈ ਰਾਮ ਨਾਮਾ ਪ੍ਰਹਿਲਾਦ ਉਧਾਰਿ ਤਰਾਏ॥	ਪ੍ਰ-ਹਿਲਾਦ	Jan Kee Paij Rakhai Raam Naamaa Prehilaadh Oudhhaar Tharaaeae ||	The Lord's Name preserves the honor of His servant, as He preserved and emancipated Prahlaad.	ਪਰਮਾਤਮਾ ਦਾ ਨਾਮ ਇਹੋ ਜਿਹੇ ਮਨੁੱਖ ਦੀ ਇੱਜ਼ਤ ਰੱਖ ਲੈਂਦਾ ਹੈ ਜਿਵੇਂ ਪਰਮਾਤਮਾ ਨੇ ਪ੍ਰਹਿਲਾਦ ਆਦਿਕ ਭਗਤ (ਔਖਿਆਈਆਂ ਤੋਂ) ਬਚਾ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲਏ।
20232	443	ਰਾਮੋ ਰਾਮੁ ਰਮੋ ਰਮੁ ਊਚਾ ਗੁਣ ਕਹਤਿਆ ਅੰਤੁ ਨ ਪਾਇਆ॥	(ਰਮੋ) ਸਿਮਰੋ	Raamo Raam Ramo Ram Oochaa Gun Kehathiaa Anth N Paaeiaa ||	So repeat continually the Name of the Lord, Raam, Raam; chanting His Glorious Virtues, His limit cannot be found.	ਪਰਮਾਤਮਾ ਸਭ ਤੋਂ ਉੱਚਾ ਹੈ, ਸੋਹਣਾ ਹੀ ਸੋਹਣਾ ਹੈ, ਬਿਆਨ ਕਰਦਿਆਂ ਕਰਦਿਆਂ ਉਸ ਦੇ ਗੁਣਾਂ ਦਾ ਅਖ਼ੀਰ ਨਹੀਂ ਲੱਭ ਸਕੀਦਾ।
20233	443	ਨਾਨਕ ਰਾਮ ਨਾਮੁ ਸੁਣਿ ਭੀਨੇ ਰਾਮੈ ਨਾਮਿ ਸਮਾਇਆ॥੫॥	(ਭੀਨੇ) ਭਿੱਜੇ	Naanak Raam Naam Sun Bheenae Raamai Naam Samaaeiaa ||5||	Nanak is drenched in happiness, hearing the Name of the Lord; he is merged in the Name of the Lord. ||5||	ਹੇ ਨਾਨਕ! ਪਰਮਾਤਮਾ ਦਾ ਨਾਮ ਸੁਣ ਕੇ (ਜਿਨ੍ਹਾਂ ਦੇ ਹਿਰਦੇ) ਪਸੀਜ ਜਾਂਦੇ ਹਨ ਉਹ ਮਨੁੱਖ ਪਰਮਾਤਮਾ ਦੇ ਨਾਮ ਵਿਚ ਹੀ ਲੀਨ ਰਹਿੰਦੇ ਹਨ ॥੫॥
20234	443	ਜਿਨ ਅੰਤਰੇ ਰਾਮ ਨਾਮੁ ਵਸੈ ਤਿਨ ਚਿੰਤਾ ਸਭ ਗਵਾਇਆ ਰਾਮ॥		Jin Antharae Raam Naam Vasai Thin Chinthaa Sabh Gavaaeiaa Raam ||	Those beings, whose minds are filled the Lord's Name, forsake all anxiety.	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ ਉਹ ਆਪਣੀ ਹਰੇਕ ਕਿਸਮ ਦੀ ਚਿੰਤਾ ਦੂਰ ਕਰ ਲੈਂਦੇ ਹਨ,

20235	443	ਸਭਿ ਅਰਥਾ ਸਭਿ ਧਰਮ ਮਿਲੇ ਮਨਿ ਚਿੰਦਿਆ ਸੋ ਫਲੁ ਪਾਇਆ ਰਾਮ॥	(ਅਰਥਾ) ਪਦਾਰਥ। (ਚਿੰਦਿਆ) ਚਾਹਿਆ	Sabh Arathhaa Sabh Dhharam Milae Man Chindhiaa So Fal Paaeiaa Raam ||	They obtain all wealth, and all Dharmic faith, and the fruits of their minds' desires.	ਉਹਨਾਂ ਨੂੰ ਧਰਮ ਅਰਥ ਕਾਮ ਮੋਖ ਇਹ ਸਾਰੇ ਪਦਾਰਥ ਪ੍ਰਾਪਤ ਹੋ ਜਾਂਦੇ ਹਨ, ਉਹ ਮਨੁੱਖ ਜੋ ਕੁਝ ਆਪਣੇ ਮਨ ਵਿਚ ਚਿਤਵਦੇ ਹਨ ਉਹੀ ਫਲ ਉਹਨਾਂ ਨੂੰ ਮਿਲ ਜਾਂਦਾ ਹੈ।
20236	443	ਮਨ ਚਿੰਦਿਆ ਫਲੁ ਪਾਇਆ ਰਾਮ ਨਾਮੁ ਧਿਆਇਆ ਰਾਮ ਨਾਮ ਗੁਣ ਗਾਏ॥		Man Chindhiaa Fal Paaeiaa Raam Naam Dhhiaaeiaa Raam Naam Gun Gaaeae ||	They obtain the fruits of their hearts' desires, meditating on the Lord's Name, and singing the Glorious Praises of the Lord's Name.	ਉਹ ਮਨ-ਇੱਜ਼ਤ ਫਲ ਹਾਸਲ ਕਰਦੇ ਰਹਿੰਦੇ ਹਨ, ਉਹ ਪਰਮਾਤਮਾ ਦਾ ਨਾਮ ਸਦਾ ਸਿਮਰਦੇ ਰਹਿੰਦੇ ਹਨ, ਉਹ ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ।
20237	443	ਦੁਰਮਤਿ ਕਬੁਧਿ ਗਈ ਸੁਧਿ ਹੋਈ ਰਾਮ ਨਾਮਿ ਮਨੁ ਲਾਏ॥	ਦੁਰ-ਮੱਤਿ। ਕ-ਬੁੱਧਿ। ਸੁੱਧਿ	Dhuramath Kabudhh Gee Sudhh Hoee Raam Naam Man Laaeae ||	Evil-mindedness and duality depart, and their understanding is enlightened. They attach their minds to the Name of the Lord.	ਉਹਨਾਂ ਦੇ ਅੰਦਰੋਂ ਖੋਟੀ ਮਤਿ ਭੈੜੀ ਅਕਲ ਦੂਰ ਹੋ ਜਾਂਦੀ ਹੈ, ਉਹਨਾਂ ਨੂੰ ਆਤਮਕ ਜੀਵਨ ਦੀ ਸੂਝ ਆ ਜਾਂਦੀ ਹੈ, ਉਹ ਪਰਮਾਤਮਾ ਦੇ ਨਾਮ ਵਿਚ ਆਪਣਾ ਮਨ ਜੋੜੀ ਰੱਖਦੇ ਹਨ।
20238	444	ਸਫਲੁ ਜਨਮੁ ਸਰੀਰੁ ਸਭੁ ਹੋਆ ਜਿਤੁ ਰਾਮ ਨਾਮੁ ਪਰਗਾਸਿਆ॥		Safal Janam Sareer Sabh Hoaa Jith Raam Naam Paragaasiaa ||	Their lives and bodies become totally blessed and fruitful; the Lord's Name illumines them.	ਉਹਨਾਂ ਦਾ ਮਨੁੱਖਾ ਜਨਮ ਕਾਮਯਾਬ ਹੋ ਜਾਂਦਾ ਹੈ ਉਹਨਾਂ ਦਾ ਸਰੀਰ ਭੀ ਸਫਲ ਹੋ ਜਾਂਦਾ ਹੈ ਕਿਉਂਕਿ ਉਹਨਾਂ ਦੇ ਸਰੀਰ ਵਿਚ ਪਰਮਾਤਮਾ ਦਾ ਨਾਮ ਚਮਕ ਪੈਂਦਾ ਹੈ।

20239	444	ਨਾਨਕ ਹਰਿ ਭਜੁ ਸਦਾ ਦਿਨੁ ਰਾਤੀ ਗੁਰਮੁਖਿ ਨਿਜ ਘਰਿ ਵਾਸਿਆ॥੬॥	ਭਜੁ: ਪੋਲਾ ਬੋਲੋ	Naanak Har Bhaj Sadhaa Dhin Raathee Guramukh Nij Ghar Vaasiaa ||6||	O Nanak, by continually vibrating upon the Lord, day and night, the Gurmukhs abide in the home of the inner self. ||6||	ਹੇ ਨਾਨਕ! ਤੂੰ ਭੀ ਸਦਾ ਦਿਨ ਰਾਤ ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਦਾ ਰਹੁ! ਗੁਰੂ ਦੀ ਸਰਨ ਪੈ ਕੇ (ਪਰਮਾਤਮਾ ਦਾ ਨਾਮ ਸਿਮਰਿਆਂ) ਪਰਮਾਤਮਾ ਦੇ ਚਰਨਾਂ ਵਿਚ ਥਾਂ ਮਿਲੀ ਰਹਿੰਦੀ ਹੈ ॥੬॥
20240	444	ਜਿਨ ਸਰਧਾ ਰਾਮ ਨਾਮਿ ਲਗੀ ਤਿਨ੍ ਦੂਜੈ ਚਿਤੁ ਨ ਲਾਇਆ ਰਾਮ॥		Jin Saradhhaa Raam Naam Lagee Thinh Dhoojai Chith N Laaeiaa Raam ||	Those who place their faith in the Lord's Name, do not attach their consciousness to another.	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਸਿਮਰਨ ਵਿਚ ਨਿਸ਼ਚਾ ਪੱਕਾ ਕਰ ਲਿਆ, ਉਹ (ਹਰਿ-ਨਾਮ ਦਾ ਪਿਆਰ ਛੱਡ ਕੇ) ਕਿਸੇ ਹੋਰ ਪਦਾਰਥ ਵਿਚ ਆਪਣਾ ਚਿੱਤ ਨਹੀਂ ਜੋੜਦੇ।
20241	444	ਜੇ ਧਰਤੀ ਸਭ ਕੰਚਨੁ ਕਰਿ ਦੀਜੈ ਬਿਨੁ ਨਾਵੈ ਅਵਰੁ ਨ ਭਾਇਆ ਰਾਮ॥	(ਕੰਚਨੁ) ਸੋਨਾ	Jae Dhharathee Sabh Kanchan Kar Dheejai Bin Naavai Avar N Bhaaeiaa Raam ||	Even if the entire earth were to be transformed into gold, and given to them, without the Naam, they love nothing else.	ਜੇ ਸਾਰੀ ਧਰਤੀ ਸੋਨਾ ਬਣਾ ਕੇ ਉਹਨਾਂ ਦੇ ਅੱਗੇ ਰੱਖ ਦੇਈਏ, ਤਾਂ ਭੀ ਪਰਮਾਤਮਾ ਦੇ ਨਾਮ ਤੋਂ ਛੁਟ ਹੋਰ ਕੋਈ ਪਦਾਰਥ ਉਹਨਾਂ ਨੂੰ ਪਿਆਰਾ ਨਹੀਂ ਲੱਗਦਾ।

20242	444	ਰਾਮ ਨਾਮੁ ਮਨਿ ਭਾਇਆ ਪਰਮ ਸੁਖੁ ਪਾਇਆ ਅੰਤਿ ਚਲਦਿਆ ਨਾਲਿ ਸਖਾਈ॥	ਚੱਲਦਿਆਂ	Raam Naam Man Bhaaeiaa Param Sukh Paaeiaa Anth Chaladhiaa Naal Sakhaaee ||	The Lord's Name is pleasing to their minds, and they obtain supreme peace; when they depart in the end, it shall go with them as their support.	ਉਹਨਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ ਪਿਆਰਾ ਲੱਗਦਾ ਹੈ (ਨਾਮ ਦੀ ਬਰਕਤਿ ਨਾਲ) ਉਹ ਸਭ ਤੋਂ ਸ੍ਰੇਸ਼ਟ ਆਤਮਕ ਆਨੰਦ ਮਾਣਦੇ ਹਨ, ਅਖ਼ੀਰ ਵੇਲੇ ਦੁਨੀਆ ਤੋਂ ਤੁਰਨ ਲੱਗਿਆਂ ਭੀ ਇਹ ਹਰਿ-ਨਾਮ ਉਹਨਾਂ ਦੇ ਨਾਲ ਸਾਥੀ ਬਣਦਾ ਹੈ।
20243	444	ਰਾਮ ਨਾਮ ਧਨੁ ਪੂੰਜੀ ਸੰਚੀ ਨਾ ਡੂਬੈ ਨਾ ਜਾਈ॥	(ਪੂੰਜੀ) ਧਨ ਰਾਸ਼ੀ। (ਸੰਚੀ) ਇਕੱਠੀ ਕੀਤੀ	Raam Naam Dhhan Poonjee Sanchee Naa Ddoobai Naa Jaaee ||	I have gathered the capital, the wealth of the Lord's Name; it does not sink, and does not depart.	ਉਹ ਸਦਾ ਪਰਮਾਤਮਾ ਦਾ ਨਾਮ-ਧਨ ਨਾਮ-ਸਰਮਾਇਆ ਇਕੱਠਾ ਕਰਦੇ ਰਹਿੰਦੇ ਹਨ, ਇਹ ਧਨ ਇਹ ਸਰਮਾਇਆ ਨਾਹ ਪਾਣੀ ਵਿਚ ਡੁੱਬਦਾ ਹੈ ਨਾਹ ਗਵਾਚਦਾ ਹੈ।
20244	444	ਰਾਮ ਨਾਮੁ ਇਸੁ ਜੁਗ ਮਹਿ ਤੁਲਹਾ ਜਮਕਾਲੁ ਨੇੜਿ ਨ ਆਵੈ॥	ਜੁੱਗ। (ਤੁਲਹਾ) ਬੇੜਾ।	Raam Naam Eis Jug Mehi Thulehaa Jamakaal Naerr N Aavai ||	The Lord's Name is the only true support in this age; the Messenger of Death does not draw near it.	(ਸੰਸਾਰ-ਨਦੀ ਤੋਂ ਪਾਰ ਲੰਘਣ ਲਈ) ਪਰਮਾਤਮਾ ਦਾ ਨਾਮ ਇਸ ਜਗਤ ਵਿਚ (ਮਾਨੋ) ਤੁਲਹਾ ਹੈ, ਜਿਸ ਰਾਹੀਂ (ਜੇਹੜਾ ਮਨੁੱਖ ਨਾਮ ਸਿਮਰਦਾ ਰਹਿੰਦਾ ਹੈ) ਆਤਮਕ ਮੌਤ ਉਸ ਦੇ ਨੇੜੇ ਨਹੀਂ ਢੁੱਕਦੀ।

20245	444	ਨਾਨਕ ਗੁਰਮੁਖਿ ਰਾਮੁ ਪਛਾਤਾ ਕਰਿ ਕਿਰਪਾ ਆਪਿ ਮਿਲਾਵੈ॥੭॥		Naanak Guramukh Raam Pashhaathaa Kar Kirapaa Aap Milaavai ||7||	O Nanak, the Gurmukhs recognize the Lord; in His Mercy, He unites them with Himself. ||7||	ਹੇ ਨਾਨਕ! ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ, ਪਰਮਾਤਮਾ ਮੇਹਰ ਕਰ ਕੇ ਆਪ ਉਸ ਨੂੰ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ॥੭॥
20246	444	ਰਾਮੋ ਰਾਮ ਨਾਮੁ ਸਤੇ ਸਤਿ ਗੁਰਮੁਖਿ ਜਾਣਿਆ ਰਾਮ॥	ਸੱਤੇ,ਸੱਤਿ	Raamo Raam Naam Sathae Sath Guramukh Jaaniaa Raam ||	True, True is the Name of the Lord, Raam, Raam; the Gurmukh knows the Lord.	ਪਰਮਾਤਮਾ ਦਾ ਨਾਮ ਸਦਾ ਕਾਇਮ ਰਹਿਣ ਵਾਲਾ ਹੈ ਪਰਮਾਤਮਾ ਦਾ ਨਾਮ ਸਦਾ-ਥਿਰ ਰਹਿਣ ਵਾਲਾ ਹੈ, ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ ਉਸ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ।
20247	444	ਸੇਵਕੋ ਗੁਰ ਸੇਵਾ ਲਾਗਾ ਜਿਨਿ ਮਨੁ ਤਨੁ ਅਰਪਿ ਚੜਾਇਆ ਰਾਮ॥		Saevako Gur Saevaa Laagaa Jin Man Than Arap Charraaeiaa Raam ||	The Lord's servant is the one who commits himself to the Guru's service, and dedicates his mind and body as an offering to Him.	(ਪਰ) ਉਹੀ (ਮਨੁੱਖ) ਸੇਵਕ (ਬਣ ਕੇ) ਗੁਰੂ ਦੀ ਦੱਸੀ ਸੇਵਾ ਵਿਚ ਰੁੱਝਦਾ ਹੈ ਜਿਸ ਨੇ ਆਪਣਾ ਮਨ ਆਪਣਾ ਤਨ ਭੇਟਾ ਕਰ ਕੇ ਚੜ੍ਹਾਵੇ ਦੇ ਤੌਰ ਤੇ (ਗੁਰੂ ਅੱਗੇ) ਰੱਖ ਦਿੱਤਾ ਹੈ।

20248	444	ਮਨੁ ਤਨੁ ਅਰਪਿਆ ਬਹੁਤੁ ਮਨਿ ਸਰਧਿਆ ਗੁਰ ਸੇਵਕ ਭਾਇ ਮਿਲਾਏ॥	(ਸਰਧਿਆ) ਸ਼ਰਧਾ	Man Than Arapiaa Bahuth Man Saradhhiaa Gur Saevak Bhaae Milaaeae ||	He dedicates his mind and body to Him, placing great faith in Him; the Guru lovingly unites His servant with Himself.	ਜਿਸ ਮਨੁੱਖ ਨੇ ਆਪਣਾ ਮਨ ਆਪਣਾ ਤਨ ਗੁਰੂ ਦੇ ਹਵਾਲੇ ਕਰ ਦਿੱਤਾ, ਉਸ ਦੇ ਮਨ ਵਿਚ ਗੁਰੂ ਵਾਸਤੇ ਬਹੁਤ ਸਰਧਾ ਪੈਦਾ ਹੋ ਜਾਂਦੀ ਹੈ (ਗੁਰੂ ਉਸ ਨੂੰ) ਉਸ ਪ੍ਰੇਮ ਦੀ ਬਰਕਤਿ ਨਾਲ (ਪ੍ਰਭੂ-ਚਰਨਾਂ ਵਿਚ) ਮਿਲਾ ਦੇਂਦਾ ਹੈ (ਜੇਹੜਾ ਪ੍ਰੇਮ) ਗੁਰੂ ਦੇ ਸੇਵਕ ਦੇ ਹਿਰਦੇ ਵਿਚ ਹੋਣਾ ਚਾਹੀਦਾ ਹੈ।
20249	444	ਦੀਨਾ ਨਾਥੁ ਜੀਆ ਕਾ ਦਾਤਾ ਪੂਰੇ ਗੁਰ ਤੇ ਪਾਏ॥		Dheenaa Naathh Jeeaa Kaa Dhaathaa Poorae Gur Thae Paaeae ||	The Master of the meek, the Giver of souls, is obtained through the Perfect Guru.	ਪਰਮਾਤਮਾ ਗਰੀਬਾਂ ਦਾ ਖਸਮ ਹੈ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ, ਉਹ ਪਰਮਾਤਮਾ ਪੂਰੇ ਗੁਰੂ ਪਾਸੋਂ ਹੀ ਮਿਲਦਾ ਹੈ।
20250	444	ਗੁਰੂ ਸਿਖੁ ਸਿਖੁ ਗੁਰੂ ਹੈ ਏਕੋ ਗੁਰ ਉਪਦੇਸੁ ਚਲਾਏ॥	(ਗੁਰੂ) ਮਹਲਾ ੧ ਜੀ (ਸਿਖੁ) ਮਹਲਾ ੨ ਜੀ	Guroo Sikh Sikh Guroo Hai Eaeko Gur Oupadhaes Chalaaeae ||	The Guru's Sikh, and the Sikh's Guru, are one and the same; both spread the Guru's Teachings.	(ਪ੍ਰੇਮ ਦੀ ਬਰਕਤਿ ਨਾਲ) ਗੁਰੂ ਸਿੱਖ (ਨਾਲ ਇਕ-ਰੂਪ ਹੋ ਜਾਂਦਾ) ਹੈ ਅਤੇ ਸਿੱਖ ਗੁਰੂ (ਵਿਚ ਲੀਨ ਹੋ ਜਾਂਦਾ) ਹੈ, ਸਿੱਖ ਭੀ ਗੁਰੂ ਵਾਲੇ ਉਪਦੇਸ਼ (ਦੀ ਲੜੀ) ਨੂੰ ਅਗਾਂਹ ਤੋਰਦਾ ਰਹਿੰਦਾ ਹੈ।
20251	444	ਰਾਮ ਨਾਮ ਮੰਤੁ ਹਿਰਦੈ ਦੇਵੈ ਨਾਨਕ ਮਿਲਣੁ ਸੁਭਾਏ॥੮॥੨॥੯॥		Raam Naam Manth Hiradhai Dhaevai Naanak Milan Subhaaeae ||8||2||9||	The Mantra of the Lord's Name is enshrined within the heart, O Nanak, and we merge with the Lord so easily. ||8||2||9||	ਹੇ ਨਾਨਕ! ਜਿਸ ਮਨੁੱਖ ਨੂੰ ਗੁਰੂ ਪਰਮਾਤਮਾ ਦੇ ਨਾਮ ਦਾ ਮੰਤਰ ਹਿਰਦੇ ਵਿਚ (ਵਸਾਣ ਲਈ) ਦੇਂਦਾ ਹੈ, ਪ੍ਰੇਮ ਦਾ ਸਦਕਾ ਉਸ ਦਾ ਮਿਲਾਪ (ਪਰਮਾਤਮਾ ਨਾਲ) ਹੋ ਜਾਂਦਾ ਹੈ ॥੮॥੨॥੯॥

20252	444	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
20253	444	ਆਸਾ ਛੰਤ ਮਹਲਾ ੪ ਘਰੁ ੨॥		Aasaa Shhanth Mehalaa 4 Ghar 2 ||	Aasaa, Chhant, Fourth Mehl, Second House:	ਰਾਗ ਆਸਾ, ਘਰ ੨ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਛੰਤ'।
20254	444	ਹਰਿ ਹਰਿ ਕਰਤਾ ਦੂਖ ਬਿਨਾਸਨੁ ਪਤਿਤ ਪਾਵਨੁ ਹਰਿ ਨਾਮੁ ਜੀਉ॥		Har Har Karathaa Dhookh Binaasan Pathith Paavan Har Naam Jeeo ||	The Creator Lord, Har, Har, is the Destroyer of distress; the Name of the Lord is the Purifier of sinners.	ਜਗਤ ਦਾ ਰਚਨ ਵਾਲਾ ਪਰਮਾਤਮਾ (ਜੀਵਾਂ ਦੇ) ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਉਸ ਪਰਮਾਤਮਾ ਦਾ ਨਾਮ ਵਿਕਾਰਾਂ ਵਿਚ ਡਿੱਗੇ ਹੋਏ ਜੀਵਾਂ ਨੂੰ ਪਵਿਤ੍ਰ ਕਰਨ ਵਾਲਾ ਹੈ।
20255	444	ਹਰਿ ਸੇਵਾ ਭਾਈ ਪਰਮਗਤਿ ਪਾਈ ਹਰਿ ਊਤਮੁ ਹਰਿ ਹਰਿ ਕਾਮੁ ਜੀਉ॥	(ਕਾਮੁ) ਕੰਮ	Har Saevaa Bhaaee Param Gath Paaee Har Ootham Har Har Kaam Jeeo ||	One who lovingly serves the Lord, obtains the supreme status. Service to the Lord, Har, Har, is more exalted than anything.	ਜਿਸ ਮਨੁੱਖ ਨੂੰ ਪਰਮਾਤਮਾ ਦੀ ਸੇਵਾ-ਭਗਤੀ ਪਿਆਰੀ ਲੱਗਦੀ ਹੈ ਉਹ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ। ਹਰਿ-ਨਾਮ ਸਿਮਰਨਾ ਸਭ ਤੋਂ ਸ੍ਰੇਸ਼ਟ ਕੰਮ ਹੈ।

20256	444	ਹਰਿ ਊਤਮੁ ਕਾਮੁ ਜਪੀਐ ਹਰਿ ਨਾਮੁ ਹਰਿ ਜਪੀਐ ਅਸਥਿਰੁ ਹੋਵੈ॥		Har Ootham Kaam Japeeai Har Naam Har Japeeai Asathhir Hovai ||	Chanting the Name of the Lord is the most exalted occupation; chanting the Name of the Lord, one becomes immortal.	ਪਰਮਾਤਮਾ ਦਾ ਨਾਮ ਸਿਮਰਨਾ ਸਭ ਤੋਂ ਸ੍ਰੇਸ਼ਟ ਕੰਮ ਹੈ, ਹਰਿ-ਨਾਮ ਸਿਮਰਨਾ ਚਾਹੀਦਾ ਹੈ, ਹਰਿ-ਨਾਮ ਸਿਮਰਨਾ ਚਾਹੀਦਾ ਹੈ (ਜੇਹੜਾ ਮਨੁੱਖ ਹਰਿ-ਨਾਮ ਸਿਮਰਦਾ ਹੈ ਉਹ ਵਿਕਾਰਾਂ ਦੇ ਹੱਲਿਆਂ ਵਲੋਂ) ਅਡੋਲ-ਚਿੱਤ ਹੋ ਜਾਂਦਾ ਹੈ।
20257	444	ਜਨਮ ਮਰਣ ਦੋਵੈ ਦੁਖ ਮੇਟੇ ਸਹਜੇ ਹੀ ਸੁਖਿ ਸੋਵੈ॥		Janam Maran Dhovai Dhukh Maettae Sehajae Hee Sukh Sovai ||	The pains of both birth and death are eradicated, and one comes to sleep in peaceful ease.	ਉਹ ਮਨੁੱਖ ਜਨਮਾਂ ਦੇ ਗੇੜ ਦਾ ਦੁੱਖ ਆਤਮਕ ਮੌਤ ਦਾ ਦੁੱਖ-ਇਹ ਦੋਵੇਂ ਦੁੱਖ ਮਿਟਾ ਲੈਂਦਾ ਹੈ, ਉਹ ਸਦਾ ਆਤਮਕ ਅਡੋਲਤਾ ਵਿਚ ਆਤਮਕ ਆਨੰਦ ਵਿਚ ਲੀਨ ਰਹਿੰਦਾ ਹੈ।
20258	444	ਹਰਿ ਹਰਿ ਕਿਰਪਾ ਧਾਰਹੁ ਠਾਕੁਰ ਹਰਿ ਜਪੀਐ ਆਤਮ ਰਾਮੁ ਜੀਉ॥		Har Har Kirapaa Dhhaarahu Thaakur Har Japeeai Aatham Raam Jeeo ||	O Lord, O Lord and Master, shower Your Mercy upon me; within my mind, I chant the Name of the Lord.	ਹੇ ਹਰੀ! ਹੇ ਮਾਲਕ! ਕਿਰਪਾ ਕਰ! (ਜੇ ਪਰਮਾਤਮਾ ਕਿਰਪਾ ਕਰੇ ਤਾਂ) ਉਸ ਸਰਬ-ਵਿਆਪਕ ਪਰਮਾਤਮਾ (ਦਾ ਨਾਮ) ਜਪਿਆ ਜਾ ਸਕਦਾ ਹੈ।

20259	444	ਹਰਿ ਹਰਿ ਕਰਤਾ ਦੂਖ ਬਿਨਾਸਨੁ ਪਤਿਤ ਪਾਵਨੁ ਹਰਿ ਨਾਮੁ ਜੀਉ॥੧॥		Har Har Karathaa Dhookh Binaasan Pathith Paavan Har Naam Jeeo ||1||	The Creator Lord, Har, Har, is the Destroyer of distress; the Name of the Lord is the Purifier of sinners. ||1||	ਜਗਤ ਦਾ ਰਚਨ ਵਾਲਾ ਪਰਮਾਤਮਾ (ਜੀਵਾਂ ਦੇ) ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਉਸ ਪਰਮਾਤਮਾ ਦਾ ਨਾਮ ਵਿਕਾਰਾਂ ਵਿਚ ਡਿੱਗੇ ਹੋਏ ਜੀਵਾਂ ਨੂੰ ਪਵਿਤ੍ਰ ਕਰਨ ਜੋਗਾ ਹੈ ॥੧॥
20260	444	ਹਰਿ ਨਾਮੁ ਪਦਾਰਥੁ ਕਲਜੁਗਿ ਊਤਮੁ ਹਰਿ ਜਪੀਐ ਸਤਿਗੁਰ ਭਾਇ ਜੀਉ॥	(ਭਾਇ) ਪ੍ਰੇਮ ਚ	Har Naam Padhaarathh Kalijug Ootham Har Japeeai Sathigur Bhaae Jeeo ||	The wealth of the Lord's Name is the most exalted in this Dark Age of Kali Yuga; chant the Lord's Name according to the Way of the True Guru.	ਇਸ ਮਾਇਆ-ਗ੍ਰਸੇ ਜਗਤ ਵਿਚ (ਹੋਰ ਸਾਰੇ ਪਦਾਰਥਾਂ ਨਾਲੋਂ) ਪਰਮਾਤਮਾ ਦਾ ਨਾਮ ਸ੍ਰੇਸ਼ਟ ਪਦਾਰਥ ਹੈ, ਪਰ ਇਹ ਹਰਿ-ਨਾਮ ਗੁਰੂ ਦੇ ਪ੍ਰੇਮ ਵਿਚ ਟਿਕ ਕੇ ਹੀ ਜਪਿਆ ਜਾ ਸਕਦਾ ਹੈ।
20261	444	ਗੁਰਮੁਖਿ ਹਰਿ ਪੜੀਐ ਗੁਰਮੁਖਿ ਹਰਿ ਸੁਣੀਐ ਹਰਿ ਜਪਤ ਸੁਣਤ ਦੁਖੁ ਜਾਇ ਜੀਉ॥		Guramukh Har Parreeai Guramukh Har Suneeai Har Japath Sunath Dhukh Jaae Jeeo ||	As Gurmukh, read of the Lord; as Gurmukh, hear of the Lord. Chanting and listening to the Lord's Name, pain departs.	ਗੁਰੂ ਦੀ ਸਰਨ ਪੈ ਕੇ ਹੀ ਪਰਮਾਤਮਾ ਦੀ ਸਿਫ਼ਤ-ਸਾਲਾਹ ਵਾਲੀ ਬਾਣੀ ਪੜ੍ਹੀ ਜਾ ਸਕਦੀ ਹੈ। ਗੁਰੂ ਦੀ ਸਰਨ ਪੈ ਕੇ ਹੀ ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣੀ ਜਾ ਸਕਦੀ ਹੈ। ਪਰਮਾਤਮਾ ਦਾ ਨਾਮ ਜਪਦਿਆਂ ਸੁਣਦਿਆਂ (ਹਰੇਕ) ਦੁੱਖ ਦੂਰ ਹੋ ਜਾਂਦਾ ਹੈ।

20262	444	ਹਰਿ ਹਰਿ ਨਾਮੁ ਜਪਿਆ ਦੁਖੁ ਬਿਨਸਿਆ ਹਰਿ ਨਾਮੁ ਪਰਮ ਸੁਖੁ ਪਾਇਆ॥	(ਪਰਮ) ਵੱਡਾ	Har Har Naam Japiaa Dhukh Binasiaa Har Naam Param Sukh Paaeiaa ||	Chanting the Name of the Lord, Har, Har, pains are removed. Through the Name of the Lord, supreme peace is obtained.	ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਜਪਿਆ ਉਸ ਦਾ ਦੁੱਖ ਨਾਸ ਹੋ ਗਿਆ, ਜਿਸ ਨੇ ਹਰਿ-ਨਾਮ (ਧਨ ਪ੍ਰਾਪਤ ਕੀਤਾ) ਉਸ ਨੇ ਸਭ ਤੋਂ ਉੱਚਾ ਆਨੰਦ ਮਾਣਿਆ।
20263	444	ਸਤਿਗੁਰ ਗਿਆਨੁ ਬਲਿਆ ਘਟਿ ਚਾਨਣੁ ਅਗਿਆਨੁ ਅੰਧੇਰੁ ਗਵਾਇਆ॥		Sathigur Giaan Baliaa Ghatt Chaanan Agiaan Andhhaer Gavaaeiaa ||	The spiritual wisdom of the True Guru illumines the heart; this Light dispels the darkness of spiritual ignorance.	ਗੁਰੂ ਦੀ ਦਿੱਤੀ ਆਤਮਕ ਜੀਵਨ ਦੀ ਸੂਝ ਜਿਸ ਮਨੁੱਖ ਦੇ ਅੰਦਰ ਚਮਕ ਪਈ ਉਸ ਦੇ ਹਿਰਦੇ ਵਿਚ (ਸਹੀ ਜੀਵਨ ਦਾ) ਚਾਨਣ ਹੋ ਪਿਆ, ਉਸ ਨੇ ਆਪਣੇ ਅੰਦਰੋਂ ਅਗਿਆਨਤਾ ਦਾ ਹਨੇਰਾ ਦੂਰ ਕਰ ਲਿਆ।
20264	444	ਹਰਿ ਹਰਿ ਨਾਮੁ ਤਿਨੀ ਆਰਾਧਿਆ ਜਿਨ ਮਸਤਕਿ ਧੁਰਿ ਲਿਖਿ ਪਾਇ ਜੀਉ॥		Har Har Naam Thinee Aaraadhhiaa Jin Masathak Dhhur Likh Paae Jeeo ||	They alone meditate on the Lord's Name, Har, Har, upon whose foreheads such destiny is written.	ਉਹਨਾਂ ਮਨੁੱਖਾਂ ਨੇ ਹੀ ਪਰਮਾਤਮਾ ਦਾ ਨਾਮ ਸਿਮਰਿਆ ਹੈ ਜਿਨ੍ਹਾਂ ਦੇ ਮੱਥੇ ਉਤੇ ਪਰਮਾਤਮਾ ਨੇ ਧੁਰੋਂ ਸਿਮਰਨ ਦਾ ਲੇਖ ਲਿਖ ਕੇ ਰੱਖ ਦਿੱਤਾ ਹੈ।

20265	444	ਹਰਿ ਨਾਮੁ ਪਦਾਰਥੁ ਕਲਿਜੁਗਿ ਊਤਮੁ ਹਰਿ ਜਪੀਐ ਸਤਿਗੁਰ ਭਾਇ ਜੀਉ॥੨॥		Har Naam Padhaarathh Kalijug Ootham Har Japeeai Sathigur Bhaae Jeeo ||2||	The wealth of the Lord's Name is the most exalted in this Dark Age of Kali Yuga; chant the Lord's Name according to the Way of the True Guru. ||2||	ਇਸ ਮਾਇਆ-ਗ੍ਰਸੇ ਸੰਸਾਰ ਵਿਚ (ਹੋਰ ਸਾਰੇ ਪਦਾਰਥਾਂ ਨਾਲੋਂ) ਪਰਮਾਤਮਾ ਦਾ ਨਾਮ ਸ੍ਰੇਸ਼ਟ ਪਦਾਰਥ ਹੈ, ਪਰ ਇਹ ਹਰਿ-ਨਾਮ ਗੁਰੂ ਦੇ ਪਿਆਰ ਵਿਚ ਜੁੜ ਕੇ ਹੀ ਜਪਿਆ ਜਾ ਸਕਦਾ ਹੈ ॥੨॥
20266	444	ਹਰਿ ਹਰਿ ਮਨਿ ਭਾਇਆ ਪਰਮ ਸੁਖ ਪਾਇਆ ਹਰਿ ਲਾਹਾ ਪਦੁ ਨਿਰਬਾਣੁ ਜੀਉ॥	(ਨਿਰਬਾਣੁ) ਦੁੱਖ ਵਾਸ਼ਨਾ ਰਹਿਤ। ਪਦੁ: ਪੋਲਾ ਬੋਲੋ	Har Har Man Bhaaeiaa Param Sukh Paaeiaa Har Laahaa Padh Nirabaan Jeeo ||	One whose mind loves the Lord, Har, Har, obtains supreme peace. He reaps the profit of the Lord's Name, the state of Nirvaanaa.	ਜਿਸ ਮਨੁੱਖ ਨੂੰ ਪਰਮਾਤਮਾ (ਦਾ ਨਾਮ) ਮਨ ਵਿਚ ਪਿਆਰਾ ਲੱਗਾ ਉਸ ਨੇ ਸਭ ਤੋਂ ਉੱਚਾ ਆਤਮਕ ਆਨੰਦ ਪ੍ਰਾਪਤ ਕਰ ਲਿਆ, ਉਸ ਨੇ ਉਹ ਆਤਮਕ ਅਵਸਥਾ ਖੱਟ ਲਈ ਜਿਥੇ ਕੋਈ ਵਾਸਨਾ ਪੋਹ ਨਹੀਂ ਸਕਦੀ।
20267	444	ਹਰਿ ਪ੍ਰੀਤਿ ਲਗਾਈ ਹਰਿ ਨਾਮੁ ਸਖਾਈ ਭ੍ਰਮੁ ਚੂਕਾ ਆਵਣੁ ਜਾਣੁ ਜੀਉ॥		Har Preeth Lagaaee Har Naam Sakhaaee Bhram Chookaa Aavan Jaan Jeeo ||	He embraces love for the Lord, and the Lord's Name becomes his companion. His doubts, and his comings and goings are ended.	ਜਿਸ ਮਨੁੱਖ ਨੇ ਪ੍ਰਭੂ-ਚਰਨਾਂ ਵਿਚ ਪ੍ਰੀਤ ਜੋੜੀ, ਹਰਿ-ਨਾਮ ਉਸ ਦਾ ਸਦਾ ਲਈ ਸਾਥੀ ਬਣ ਗਿਆ, ਉਸ ਦੀ (ਮਾਇਆ ਵਾਲੀ) ਭਟਕਣਾ ਮੁੱਕ ਗਈ, ਉਸ ਦਾ ਜਨਮ ਮਰਨ ਦਾ ਗੇੜ ਮੁੱਕ ਗਿਆ।

20268	445	ਆਵਣ ਜਾਣਾ ਭ੍ਰਮੁ ਭਉ ਭਾਗਾ ਹਰਿ ਹਰਿ ਹਰਿ ਗੁਣ ਗਾਇਆ॥		Aavan Jaanaa Bhram Bho Bhaagaa Har Har Har Gun Gaaeiaa ||	His comings and goings, doubts and fears come to an end, and he sings the Glorious Praises of the Lord, Har, Har, Har.	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ, ਉਹਨਾਂ ਦਾ ਜਨਮ ਮਰਨ, ਉਹਨਾਂ ਦੀ ਭਟਕਣਾ ਉਹਨਾਂ ਦਾ (ਹਰੇਕ ਕਿਸਮ ਦਾ) ਡਰ ਦੂਰ ਹੋ ਗਿਆ,
20269	445	ਜਨਮ ਜਨਮ ਕੇ ਕਿਲਵਿਖ ਦੁਖ ਉਤਰੇ ਹਰਿ ਹਰਿ ਨਾਮਿ ਸਮਾਇਆ॥	(ਕਿਲਵਿਖ) ਪਾਪ	Janam Janam Kae Kilavikh Dhukh Outharae Har Har Naam Samaaeiaa ||	The sins and pains of countless incarnations are washed away, and he merges into the Name of the Lord, Har, Har.	ਤੇ ਜਨਮ ਜਨਮਾਂਤਰਾਂ ਦੇ ਕੀਤੇ ਹੋਏ ਉਹਨਾਂ ਦੇ ਪਾਪ ਤੇ ਦੁੱਖ ਲਹਿ ਗਏ, ਉਹ ਸਦਾ ਲਈ ਪਰਮਾਤਮਾ ਦੇ ਨਾਮ ਵਿਚ ਲੀਨ ਹੋ ਗਏ।
20270	445	ਜਿਨ ਹਰਿ ਧਿਆਇਆ ਧੁਰਿ ਭਾਗ ਲਿਖਿ ਪਾਇਆ ਤਿਨ ਸਫਲੁ ਜਨਮੁ ਪਰਵਾਣੁ ਜੀਉ॥		Jin Har Dhhiaaeiaa Dhhur Bhaag Likh Paaeiaa Thin Safal Janam Paravaan Jeeo ||	Those who are blessed by such pre-ordained destiny, meditate on the Lord, and their lives become fruitful and approved.	ਜਿਨ੍ਹਾਂ ਨੇ ਧੁਰ ਦਰਗਾਹ ਤੋਂ ਲਿਖੇ ਭਾਗਾਂ ਅਨੁਸਾਰ ਨਾਮ ਦੀ ਦਾਤ ਪ੍ਰਾਪਤ ਕਰ ਲਈ ਤੇ ਹਰਿ-ਨਾਮ ਸਿਮਰਿਆ ਉਹਨਾਂ ਦਾ ਮਨੁੱਖਾ ਜੀਵਨ ਕਾਮਯਾਬ ਹੋ ਗਿਆ ਉਹ ਪ੍ਰਭੂ ਦੀ ਦਰਗਾਹ ਵਿਚ ਕਬੂਲ ਹੋ ਗਏ।

20271	445	ਹਰਿ ਹਰਿ ਮਨਿ ਭਾਇਆ ਪਰਮ ਸੁਖ ਪਾਇਆ ਹਰਿ ਲਾਹਾ ਪਦੁ ਨਿਰਬਾਣੁ ਜੀਉ॥੩॥		Har Har Man Bhaaeiaa Param Sukh Paaeiaa Har Laahaa Padh Nirabaan Jeeo ||3||	One whose mind loves the Lord, Har, Har, obtains supreme peace. He reaps the profit of the Lord's Name, the state of Nirvaanaa. ||3||	ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ (ਦਾ ਨਾਮ) ਮਨ ਵਿਚ ਪਿਆਰਾ ਲੱਗਾ ਉਹਨਾਂ ਨੇ ਸਭ ਤੋਂ ਉੱਚਾ ਆਤਮਕ ਆਨੰਦ ਪ੍ਰਾਪਤ ਕਰ ਲਿਆ, ਉਹਨਾਂ ਨੇ ਉਹ ਆਤਮਕ ਅਵਸਥਾ ਖੱਟ ਲਈ ਜਿਥੇ ਕੋਈ ਵਾਸਨਾ ਪੋਹ ਨਹੀਂ ਸਕਦੀ ॥੩॥
20272	445	ਜਿਨ੍ ਹਰਿ ਮੀਠ ਲਗਾਨਾ ਤੇ ਜਨ ਪਰਧਾਨਾ ਤੇ ਊਤਮ ਹਰਿ ਹਰਿ ਲੋਗ ਜੀਉ॥		Jinh Har Meeth Lagaanaa Thae Jan Paradhhaanaa Thae Ootham Har Har Log Jeeo ||	Celebrated are those people, unto whom the Lord seems sweet; how exalted are those people of the Lord, Har, Har.	ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ ਉਹ ਮਨੁੱਖ (ਜਗਤ ਵਿਚ) ਇੱਜ਼ਤ ਵਾਲੇ ਹੋ ਜਾਂਦੇ ਹਨ, ਉਹ ਰੱਬ ਦੇ ਪਿਆਰੇ ਬੰਦੇ (ਹੋਰ ਖ਼ਲਕਤਿ ਨਾਲੋਂ) ਸ੍ਰੇਸ਼ਟ ਜੀਵਨ ਵਾਲੇ ਬਣ ਜਾਂਦੇ ਹਨ।
20273	445	ਹਰਿ ਨਾਮੁ ਵਡਾਈ ਹਰਿ ਨਾਮੁ ਸਖਾਈ ਗੁਰ ਸਬਦੀ ਹਰਿ ਰਸ ਭੋਗ ਜੀਉ॥	(ਸਖਾਈ) ਸਹਾਇਕ	Har Naam Vaddaaee Har Naam Sakhaaee Gur Sabadhee Har Ras Bhog Jeeo ||	The Lord's Name is their glorious greatness; the Lord's Name is their companion and helper. Through the Word of the Guru's Shabad, they enjoy the sublime essence of the Lord.	ਪਰਮਾਤਮਾ ਦਾ ਨਾਮ (ਉਹਨਾਂ ਵਾਸਤੇ) ਇੱਜ਼ਤ-ਮਾਣ ਹੈ, ਪਰਮਾਤਮਾ ਦਾ ਨਾਮ ਉਹਨਾਂ ਦਾ (ਸਦਾ ਲਈ) ਸਾਥੀ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਪਰਮਾਤਮਾ ਦੇ ਨਾਮ-ਰਸ ਦਾ ਆਨੰਦ ਮਾਣਦੇ ਹਨ।

20274	445	ਹਰਿ ਰਸ ਭੋਗ ਮਹਾ ਨਿਰਜੋਗ ਵਡਭਾਗੀ ਹਰਿ ਰਸੁ ਪਾਇਆ॥	(ਨਿਰਜੋਗ) ਬੰਧਨ ਰਹਿਤ	Har Ras Bhog Mehaa Nirajog Vaddabhaagee Har Ras Paaeiaa ||	They enjoy the sublime essence of the Lord, and remain totally detached. By great good fortune, they obtain the sublime essence of the Lord.	ਉਹ ਮਨੁੱਖ ਸਦਾ ਹਰਿ-ਨਾਮ-ਰਸ ਮਾਣਦੇ ਹਨ, ਜਿਸ ਦੀ ਬਰਕਤਿ ਨਾਲ ਉਹ ਬੜੇ ਨਿਰਲੇਪ ਰਹਿੰਦੇ ਹਨ, ਵੱਡੀ ਕਿਸਮਤ ਨਾਲ ਉਹਨਾਂ ਨੂੰ ਪਰਮਾਤਮਾ ਦੇ ਨਾਮ ਦਾ ਆਨੰਦ ਮਿਲ ਗਿਆ ਹੁੰਦਾ ਹੈ।
20275	445	ਸੇ ਧੰਨੁ ਵਡੇ ਸਤ ਪੁਰਖਾ ਪੂਰੇ ਜਿਨ ਗੁਰਮਤਿ ਨਾਮੁ ਧਿਆਇਆ॥		Sae Dhhann Vaddae Sath Purakhaa Poorae Jin Guramath Naam Dhhiaaeiaa ||	So very blessed and truly perfect are those, who through Guru's Instruction meditate on the Naam, the Name of the Lord.	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਮਤਿ ਲੈ ਕੇ ਪ੍ਰਭੂ ਦਾ ਨਾਮ ਸਿਮਰਿਆ, ਉਹ ਵੱਡੇ ਭਾਗਾਂ ਵਾਲੇ ਬਣ ਗਏ ਉਹ ਉੱਚੇ ਤੇ ਪੂਰੇ ਆਤਮਕ ਜੀਵਨ ਵਾਲੇ ਬਣ ਗਏ।
20276	445	ਜਨੁ ਨਾਨਕੁ ਰੇਣੁ ਮੰਗੈ ਪਗ ਸਾਧੂ ਮਨਿ ਚੂਕਾ ਸੋਗੁ ਵਿਜੋਗੁ ਜੀਉ॥	ਪਗ: ਪੋਲਾ ਬੋਲੋ	Jan Naanak Raen Mangai Pag Saadhhoo Man Chookaa Sog Vijog Jeeo ||	Servant Nanak begs for the dust of the feet of the Holy; his mind is rid of sorrow and separation.	ਦਾਸ ਨਾਨਕ (ਭੀ) ਗੁਰੂ ਦੇ ਚਰਨਾਂ ਦੀ ਧੂੜ ਮੰਗਦਾ ਹੈ (ਜਿਨ੍ਹਾਂ ਨੂੰ ਇਹ ਚਰਨ-ਧੂੜ ਪ੍ਰਾਪਤ ਹੋ ਜਾਂਦੀ ਹੈ, ਉਹਨਾਂ ਦੇ) ਮਨ ਵਿਚ ਵੱਸ ਰਿਹਾ ਚਿੰਤਾ ਫ਼ਿਕਰ ਦੂਰ ਹੋ ਜਾਂਦਾ ਹੈ ਉਹਨਾਂ ਦੇ ਮਨ ਵਿਚ ਵੱਸਦਾ ਪ੍ਰਭੂ-ਚਰਨਾਂ ਤੋਂ ਵਿਛੋੜਾ ਦੂਰ ਹੋ ਜਾਂਦਾ ਹੈ।

20277	445	ਜਿਨ੍ ਹਰਿ ਮੀਠ ਲਗਾਨਾ ਤੇ ਜਨ ਪਰਧਾਨਾ ਤੇ ਊਤਮ ਹਰਿ ਹਰਿ ਲੋਗ ਜੀਉ॥੪॥੩॥੧੦॥		Jinh Har Meeth Lagaanaa Thae Jan Paradhhaanaa Thae Ootham Har Har Log Jeeo ||4||3||10||	Celebrated are those people, unto whom the Lord seems sweet; how exalted are those people of the Lord, Har, Har. ||4||3||10||	ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ ਉਹ ਮਨੁੱਖ (ਜਗਤ ਵਿਚ) ਇੱਜ਼ਤ ਵਾਲੇ ਹੋ ਜਾਂਦੇ ਹਨ, ਉਹ ਰੱਬ ਦੇ ਪਿਆਰੇ ਬੰਦੇ (ਹੋਰ ਖ਼ਲਕਤਿ ਨਾਲੋਂ) ਸ੍ਰੇਸ਼ਟ ਜੀਵਨ ਵਾਲੇ ਬਣ ਜਾਂਦੇ ਹਨ ॥੪॥੩॥੧੦॥
20278	445	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	
20279	445	ਸਤਜੁਗਿ ਸਭੁ ਸੰਤੋਖ ਸਰੀਰਾ ਪਗ ਚਾਰੇ ਧਰਮੁ ਧਿਆਨੁ ਜੀਉ॥	ਸਤਜੁੱਗਿ। ਪਗ: ਪੋਲਾ ਬੋਲੋ	Sathajug Sabh Santhokh Sareeraa Pag Chaarae Dhharam Dhhiaan Jeeo ||	In the Golden Age of Sat Yuga, everyone embodied contentment and meditation; religion stood upon four feet.	ਸਤਜੁਗੀ ਆਤਮਕ ਅਵਸਥਾ ਵਿਚ ਟਿਕੇ ਹੋਏ ਮਨੁੱਖ ਨੂੰ ਹਰ ਥਾਂ ਸੰਤੋਖ (ਆਤਮਕ ਸਹਾਰਾ) ਦੇਈ ਰੱਖਦਾ ਹੈ, ਹਰ ਵੇਲੇ ਮੁਕੰਮਲ ਧਰਮ ਉਸ ਦੇ ਜੀਵਨ ਦਾ ਨਿਸ਼ਾਨਾ ਹੁੰਦਾ ਹੈ।
20280	445	ਮਨਿ ਤਨਿ ਹਰਿ ਗਾਵਹਿ ਪਰਮ ਸੁਖੁ ਪਾਵਹਿ ਹਰਿ ਹਿਰਦੈ ਹਰਿ ਗੁਣ ਗਿਆਨੁ ਜੀਉ॥		Man Than Har Gaavehi Param Sukh Paavehi Har Hiradhai Har Gun Giaan Jeeo ||	With mind and body, they sang of the Lord, and attained supreme peace. In their hearts was the spiritual wisdom of the Lord's Glorious Virtues.	(ਸਤਜੁਗੀ) ਆਤਮਕ ਅਵਸਥਾ ਵਿਚ ਟਿਕੇ ਹੋਏ (ਮਨੁੱਖ) ਆਪਣੇ ਮਨ ਵਿਚ ਹਿਰਦੇ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਰਹਿੰਦੇ ਹਨ, ਤੇ ਸਭ ਤੋਂ ਉੱਚਾ ਆਤਮਕ ਆਨੰਦ ਮਾਣਦੇ ਰਹਿੰਦੇ ਹਨ, ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦੇ ਗੁਣਾਂ ਨਾਲ ਡੂੰਘੀ ਸਾਂਝ ਟਿਕੀ ਰਹਿੰਦੀ ਹੈ।

20281	445	ਗੁਣ ਗਿਆਨੁ ਪਦਾਰਥੁ ਹਰਿ ਹਰਿ ਕਿਰਤਾਰਥੁ ਸੋਭਾ ਗੁਰਮੁਖਿ ਹੋਈ॥	(ਕਿਰਤਾਰਥੁ) ਸਫ਼ਲ	Gun Giaan Padhaarathh Har Har Kirathaarathh Sobhaa Guramukh Hoee ||	Their wealth was the spiritual wisdom of the Lord's Glorious Virtues; the Lord was their success, and to live as Gurmukh was their glory.	ਸਤਜੁਗੀ ਆਤਮਕ ਅਵਸਥਾ ਵਿਚ ਟਿਕਿਆ ਹੋਇਆ ਮਨੁੱਖ ਪਰਮਾਤਮਾ ਦੇ ਗੁਣਾਂ ਨਾਲ ਡੂੰਘੀ ਸਾਂਝ ਨੂੰ ਕੀਮਤੀ ਚੀਜ਼ ਜਾਣਦਾ ਹੈ, ਹਰਿ-ਨਾਮ ਸਿਮਰਨ ਵਿਚ ਆਪਣੇ ਜੀਵਨ ਨੂੰ ਸਫਲ ਸਮਝਦਾ ਹੈ, ਗੁਰੂ ਦੀ ਸਰਨ ਪੈ ਕੇ ਉਸ ਨੂੰ (ਹਰ ਥਾਂ) ਸੋਭਾ ਮਿਲਦੀ ਹੈ।
20282	445	ਅੰਤਰਿ ਬਾਹਰਿ ਹਰਿ ਪ੍ਰਭੁ ਏਕੋ ਦੂਜਾ ਅਵਰੁ ਨ ਕੋਈ॥		Anthar Baahar Har Prabh Eaeko Dhoojaa Avar N Koee ||	Inwardly and outwardly, they saw only the One Lord God; for them there was no other second.	ਉਸ ਨੂੰ ਆਪਣੇ ਅੰਦਰ ਤੇ ਸਾਰੇ ਜਗਤ ਵਿਚ ਇਕ ਪਰਮਾਤਮਾ ਹੀ ਵੱਸਦਾ ਦਿੱਸਦਾ ਹੈ, ਉਸ ਤੋਂ ਬਿਨਾ ਕੋਈ ਹੋਰ ਉਸ ਨੂੰ ਨਹੀਂ ਦਿੱਸਦਾ।
20283	445	ਹਰਿ ਹਰਿ ਲਿਵ ਲਾਈ ਹਰਿ ਨਾਮੁ ਸਖਾਈ ਹਰਿ ਦਰਗਹ ਪਾਵੈ ਮਾਨੁ ਜੀਉ॥	(ਸਖਾਈ) ਸਹਾਇਕ	Har Har Liv Laaee Har Naam Sakhaaee Har Dharageh Paavai Maan Jeeo ||	They centered their consciousness lovingly on the Lord, Har, Har. The Lord's Name was their companion, and in the Court of the Lord, they obtained honor.	ਜੇਹੜਾ ਮਨੁੱਖ ਪਰਮਾਤਮਾ ਦੇ ਚਰਨਾਂ ਵਿਚ ਸੁਰਤਿ ਜੋੜਦਾ ਹੈ, ਪਰਮਾਤਮਾ ਉਸ ਦਾ (ਸਦਾ ਲਈ) ਸਾਥੀ ਬਣ ਜਾਂਦਾ ਹੈ, ਉਹ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਪਾਂਦਾ ਹੈ।

20284	445	ਸਤਜੁਗਿ ਸਭੁ ਸੰਤੋਖ ਸਰੀਰਾ ਪਗ ਚਾਰੇ ਧਰਮੁ ਧਿਆਨੁ ਜੀਉ॥੧॥	ਸਤ-ਜੁੱਗਿ	Sathajug Sabh Santhokh Sareeraa Pag Chaarae Dhharam Dhhiaan Jeeo ||1||	In the Golden Age of Sat Yuga, everyone embodied contentment and meditation; religion stood upon four feet. ||1||	ਅਜੇਹੀ ਸਤਜੁਗੀ ਆਤਮਕ ਅਵਸਥਾ ਵਿਚ ਟਿਕੇ ਹੋਏ ਮਨੁੱਖ ਨੂੰ ਹਰ ਥਾਂ ਸੰਤੋਖ (ਆਤਮਕ ਸਹਾਰਾ ਦੇਈ ਰੱਖਦਾ ਹੈ) ਹਰ ਗੱਲੇ ਮੁਕੰਮਲ ਧਰਮ ਉਸ ਦੇ ਜੀਵਨ ਦਾ ਨਿਸ਼ਾਨਾ ਬਣਿਆ ਰਹਿੰਦਾ ਹੈ ॥੧॥
20285	445	ਤੇਤਾ ਜੁਗੁ ਆਇਆ ਅੰਤਰਿ ਜੋਰੁ ਪਾਇਆ ਜਤੁ ਸੰਜਮ ਕਰਮ ਕਮਾਇ ਜੀਉ॥	ਜੁੱਗੁ	Thaethaa Jug Aaeiaa Anthar Jor Paaeiaa Jath Sanjam Karam Kamaae Jeeo ||	Then came the Silver Age of Trayta Yuga; men's minds were ruled by power, and they practiced celibacy and self-discipline.	ਉਸ ਦੇ ਅੰਦਰ ਮਾਨੋ ਤ੍ਰੇਤਾ ਜੁਗ ਵਾਪਰ ਰਿਹਾ ਹੈ, ਜਿਸ ਮਨੁੱਖ ਦੇ ਅੰਦਰ (ਦੂਜਿਆਂ ਉਤੇ) ਧੱਕਾ (ਕਰਨ ਦਾ ਸੁਭਾਉ) ਆ ਵੱਸਦਾ ਹੈ, (ਉਹ ਮਨੁੱਖ ਪਰਮਾਤਮਾ ਦਾ ਸਿਮਰਨ ਭੁਲਾ ਕੇ) ਵੀਰਜ ਨੂੰ ਰੋਕਣਾ (ਹੀ ਧਰਮ ਸਮਝ ਲੈਂਦਾ ਹੈ) ਉਹ ਮਨੁੱਖ ਇੰਦ੍ਰਿਆਂ ਨੂੰ ਵੱਸ ਕਰਨ ਵਾਲੇ ਕਰਮ ਹੀ ਕਮਾਂਦਾ ਹੈ।
20286	445	ਪਗੁ ਚਉਥਾ ਖਿਸਿਆ ਤ੍ਰੈ ਪਗ ਟਿਕਿਆ ਮਨਿ ਹਿਰਦੈ ਕ੍ਰੋਧੁ ਜਲਾਇ ਜੀਉ॥		Pag Chouthhaa Khisiaa Thrai Pag Ttikiaa Man Hiradhai Krodhh Jalaae Jeeo ||	The fourth foot of religion dropped off, and three remained. Their hearts and minds were inflamed with anger.	ਉਸ ਮਨੁੱਖ ਦੇ ਅੰਦਰੋਂ (ਧਰਮ-ਬਲਦ ਦਾ) ਚੌਥਾ ਪੈਰ ਤਿਲਕ ਜਾਂਦਾ ਹੈ (ਉਸ ਦੇ ਅੰਦਰ ਧਰਮ-ਬਲਦ) ਤਿੰਨਾਂ ਪੈਰਾਂ ਦੇ ਸਹਾਰੇ ਖਲੋਂਦਾ ਹੈ, ਉਸ ਦੇ ਮਨ ਵਿਚ ਉਸ ਦੇ ਹਿਰਦੇ ਵਿਚ ਕ੍ਰੋਧ ਪੈਦਾ ਹੁੰਦਾ ਹੈ ਜੋ ਉਸ (ਦੇ ਆਤਮਕ ਜੀਵਨ) ਨੂੰ ਸਾੜਦਾ ਹੈ।

20287	445	ਮਨਿ ਹਿਰਦੈ ਕ੍ਰੋਧੁ ਮਹਾ ਬਿਸ ਲੋਧੁ ਨਿਰਪ ਧਾਵਹਿ ਲੜਿ ਦੁਖੁ ਪਾਇਆ॥	(ਬਿਸ) ਜ਼ਹਰ। (ਲੋਧੁ) ਘੋਲ਼ਦੇ ਹਨ। (ਨਿਰਪ) ਰਾਜਾ। (ਧਾਵਹਿ) ਦੌੜਦੇ ਹਮਲੇ ਕਰਦੇ	Man Hiradhai Krodhh Mehaa Bisalodhh Nirap Dhhaavehi Larr Dhukh Paaeiaa ||	Their hearts and minds were filled with the horribly poisonous essence of anger. The kings fought their wars and obtained only pain.	ਉਸ ਮਨੁੱਖ ਦੇ ਮਨ ਵਿਚ ਹਿਰਦੇ ਵਿਚ ਕ੍ਰੋਧ ਪੈਦਾ ਹੋਇਆ ਰਹਿੰਦਾ ਹੈ ਜੋ, ਮਾਨੋ, ਇਕ ਵੱਡਾ ਵਿਹੁਲਾ ਰੁੱਖ (ਉੱਗਾ ਹੋਇਆ) ਹੈ। (ਧੱਕਾ ਕਰਨ ਦੇ ਸੁਭਾਵ ਤੋਂ ਪੈਦਾ ਹੋਏ ਇਸ ਕ੍ਰੋਧ ਦੇ ਕਾਰਨ ਹੀ) ਰਾਜੇ ਇਕ ਦੂਜੇ ਉਤੇ ਹਮਲੇ ਕਰਦੇ ਹਨ, ਆਪੋ ਵਿਚ ਲੜ ਲੜ ਕੇ ਦੁੱਖ ਪਾਂਦੇ ਹਨ।
20288	445	ਅੰਤਰਿ ਮਮਤਾ ਰੋਗੁ ਲਗਾਨਾ ਹਉਮੈ ਅਹੰਕਾਰੁ ਵਧਾਇਆ॥	(ਮਮਤਾ) ਅਪਣੱਤ	Anthar Mamathaa Rog Lagaanaa Houmai Ahankaar Vadhhaaeiaa ||	Their minds were afflicted with the illness of egotism, and their self-conceit and arrogance increased.	ਜਿਸ ਮਨੁੱਖ ਦੇ ਅੰਦਰ ਮਮਤਾ ਦਾ ਰੋਗ ਲੱਗ ਜਾਂਦਾ ਹੈ ਉਸ ਦੇ ਅੰਦਰ ਹਉਮੈ ਵਧਦੀ ਹੈ ਅਹੰਕਾਰ ਵਧਦਾ ਹੈ,
20289	445	ਹਰਿ ਹਰਿ ਕ੍ਰਿਪਾ ਧਾਰੀ ਮੇਰੈ ਠਾਕੁਰਿ ਬਿਖੁ ਗੁਰਮਤਿ ਹਰਿ ਨਾਮਿ ਲਹਿ ਜਾਇ ਜੀਉ॥		Har Har Kirapaa Dhhaaree Maerai Thaakur Bikh Guramath Har Naam Lehi Jaae Jeeo ||	If my Lord, Har, Har, shows His Mercy, my Lord and Master eradicates the poison by the Guru's Teachings and the Lord's Name.	ਪਰ ਜਿਸ ਮਨੁੱਖ ਉੱਤੇ ਮੇਰੇ ਮਾਲਕ ਪ੍ਰਭੂ ਨੇ ਮੇਹਰ ਕੀਤੀ, ਗੁਰੂ ਦੀ ਮਤਿ ਦੀ ਬਰਕਤਿ ਨਾਲ ਹਰਿ-ਨਾਮ ਦੀ ਬਰਕਤਿ ਨਾਲ ਉਸ ਦੇ ਅੰਦਰੋਂ ਇਹ ਜ਼ਹਰ ਉਤਰ ਜਾਂਦੀ ਹੈ।

20290	445	ਤੇਤਾ ਜੁਗੁ ਆਇਆ ਅੰਤਰਿ ਜੋਰੁ ਪਾਇਆ ਜਤੁ ਸੰਜਮ ਕਰਮ ਕਮਾਇ ਜੀਉ॥੨॥		Thaethaa Jug Aaeiaa Anthar Jor Paaeiaa Jath Sanjam Karam Kamaae Jeeo ||2||	Then came the Silver Age of Trayta Yuga; men's minds were ruled by power, and they practiced celibacy and self-discipline. ||2||	ਜਿਸ ਮਨੁੱਖ ਦੇ ਅੰਦਰ (ਦੂਜਿਆਂ ਉੱਤੇ) ਧੱਕਾ (ਕਰਨ ਦਾ ਸੁਭਾਉ) ਆ ਵੱਸਦਾ ਹੈ ਉਸ ਦੇ ਅੰਦਰ, ਮਾਨੋ, ਤ੍ਰੇਤਾ ਜੁਗ ਵਾਪਰ ਰਿਹਾ ਹੈ ॥੨॥
20291	445	ਜੁਗੁ ਦੁਆਪੁਰੁ ਆਇਆ ਭਰਮਿ ਭਰਮਾਇਆ ਹਰਿ ਗੋਪੀ ਕਾਨ੍ਹ ਉਪਾਇ ਜੀਉ॥	ਜੁੱਗੁ। ਕਾਨ੍ਹ: ਹਲੰਤ ਹੇਠਾਂ ਔਂਕੜ ਬੋਲੋ	Jug Dhuaapur Aaeiaa Bharam Bharamaaeiaa Har Gopee Kaanha Oupaae Jeeo ||	The Brass Age of Dwaapar Yuga came, and people wandered in doubt. The Lord created the Gopis and Krishna.	ਇਹ ਸਾਰੇ ਇਸਤ੍ਰੀ ਮਰਦ ਜੋ ਹਰੀ ਨੇ ਪੈਦਾ ਕੀਤੇ ਹਨ, ਇਹਨਾਂ ਵਿਚੋਂ ਜੇਹੜਾ (ਮਾਇਆ ਦੀ) ਭਟਕਣਾ ਵਿਚ ਭਟਕ ਰਿਹਾ ਹੈ (ਉਸ ਦੇ ਵਾਸਤੇ, ਮਾਨੋ) ਦੁਆਪੁਰ ਜੁਗ ਆਇਆ ਹੋਇਆ ਹੈ।
20292	445	ਤਪੁ ਤਾਪਨ ਤਾਪਹਿ ਜਗ ਪੁੰਨ ਆਰੰਭਹਿ ਅਤਿ ਕਿਰਿਆ ਕਰਮ ਕਮਾਇ ਜੀਉ॥	ਅਤਿ ਪੋਲਾ ਬੋਲੋ	Thap Thaapan Thaapehi Jag Punn Aaranbhehi Ath Kiriaa Karam Kamaae Jeeo ||	The penitents practiced penance, they offered sacred feasts and charity, and performed many rituals and religious rites.	(ਅਜੇਹੇ ਲੋਕ ਭਟਕਣਾ ਵਿਚ ਪੈ ਕੇ) ਤਪ ਸਾਧਦੇ ਹਨ, ਧੂਣੀਆਂ ਤਪਾਣ ਦੇ ਕਸ਼ਟ ਸਹਾਰਦੇ ਹਨ, ਜੱਗ ਆਦਿਕ (ਮਿਥੇ ਹੋਏ) ਪੁੰਨ ਕਰਮ ਕਰਦੇ ਹਨ।

20293	445	ਕਿਰਿਆ ਕਰਮ ਕਮਾਇਆ ਪਗ ਦੁਇ ਖਿਸਕਾਇਆ ਦੁਇ ਪਗ ਟਿਕੈ ਟਿਕਾਇ ਜੀਉ॥		Kiriaa Karam Kamaaeiaa Pag Dhue Khisakaaeiaa Dhue Pag Ttikai Ttikaae Jeeo ||	They performed many rituals and religious rites; two legs of religion dropped away, and only two legs remained.	(ਜੇਹੜਾ ਭੀ ਮਨੁੱਖ ਪਰਮਾਤਮਾ ਦਾ ਸਿਮਰਨ ਛੱਡ ਕੇ ਹੋਰ ਹੋਰ ਧਾਰਮਿਕ ਮਿਥਿਆ ਹੋਇਆ) ਕਿਰਿਆ ਕਰਮ ਕਰਦਾ ਹੈ (ਉਸ ਦੇ ਅੰਦਰੋਂ ਧਰਮ-ਬਲਦ ਆਪਣੇ ਦੋਵੇਂ) ਪੈਰ ਖਿਸਕਾ ਲੈਂਦਾ ਹੈ ਜਿਸ ਦੋ ਪੈਰਾਂ ਦੇ ਆਸਰੇ ਉਹ ਟਿਕਿਆ ਸਮਝਿਆ ਜਾਂਦਾ ਹੈ।
20294	445	ਮਹਾ ਜੁਧ ਜੋਧ ਬਹੁ ਕੀਨ੍ਹੇ ਵਿਚਿ ਹਉਮੈ ਪਚੈ ਪਚਾਇ ਜੀਉ॥	(ਜੋਧ) ਜੋਧੇ। (ਪਚੈ) ਸੜਦੇ। (ਪਚਾਇ) ਸਾੜਦੇ। ਜੁੱਧ	Mehaa Judhh Jodhh Bahu Keenhae Vich Houmai Pachai Pachaae Jeeo ||	So many heroes waged great wars; in their egos they were ruined, and they ruined others as well.	(ਇਹ ਦੁਆਪੁਰ ਜੁਗ ਦਾ ਪ੍ਰਭਾਵ ਹੀ ਸਮਝੋ ਕਿ ਮਾਇਆ ਦੀ ਭਟਕਣਾ ਵਿਚ ਫਸ ਕੇ) ਬੜੇ ਬੜੇ ਸੂਰਮੇ ਵੱਡੇ ਜੁੱਧ ਮਚਾ ਦੇਂਦੇ ਹਨ, (ਮਾਇਆ ਦੀ ਭਟਕਣਾ ਦੇ ਕਾਰਨ ਹੀ ਮਨੁੱਖ ਆਪ) ਹਉਮੈ ਵਿਚ ਸੜਦਾ ਹੈ ਤੇ ਹੋਰਨਾਂ ਨੂੰ ਸਾੜਦਾ ਹੈ।
20295	445	ਦੀਨ ਦਇਆਲਿ ਗੁਰੁ ਸਾਧੁ ਮਿਲਾਇਆ ਮਿਲਿ ਸਤਿਗੁਰ ਮਲੁ ਲਹਿ ਜਾਇ ਜੀਉ॥		Dheen Dhaeiaal Gur Saadhh Milaaeiaa Mil Sathigur Mal Lehi Jaae Jeeo ||	The Lord, Compassionate to the poor, led them to meet the Holy Guru. Meeting the True Guru, their filth is washed away.	ਦੀਨਾਂ ਉਤੇ ਦਇਆ ਕਰਨ ਵਾਲੇ ਪਰਮਾਤਮਾ ਨੇ ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲਾ ਦਿੱਤਾ, ਗੁਰੂ ਨੂੰ ਮਿਲ ਕੇ (ਉਸ ਦੇ ਅੰਦਰੋਂ ਮਾਇਆ ਦੀ) ਮੈਲ ਲਹਿ ਜਾਂਦੀ ਹੈ।

20296	445	ਜੁਗੁ ਦੁਆਪੁਰੁ ਆਇਆ ਭਰਮਿ ਭਰਮਾਇਆ ਹਰਿ ਗੋਪੀ ਕਾਨ੍ਹ ਉਪਾਇ ਜੀਉ॥੩॥		Jug Dhuaapur Aaeiaa Bharam Bharamaaeiaa Har Gopee Kaanha Oupaae Jeeo ||3||	The Brass Age of Dwaapar Yuga came, and the people wandered in doubt. The Lord created the Gopis and Krishna. ||3||	ਜੋ ਜੋ ਇਸਤ੍ਰੀ ਮਰਦ ਪਰਮਾਤਮਾ ਨੇ ਪੈਦਾ ਕੀਤਾ ਹੈ, ਜੇਹੜਾ ਜੇਹੜਾ ਮਾਇਆ ਦੀ ਭਟਕਣਾ ਵਿਚ ਭਟਕ ਰਿਹਾ ਹੈ (ਉਸ ਦੇ ਵਾਸਤੇ, ਮਾਨੋ) ਦੁਆਪੁਰ ਜੁਗ ਆਇਆ ਹੋਇਆ ਹੈ ॥੩॥
20297	446	ਕਲਿਜੁਗੁ ਹਰਿ ਕੀਆ ਪਗ ਤ੍ਰੈ ਖਿਸਕੀਆ ਪਗੁ ਚਉਥਾ ਟਿਕੈ ਟਿਕਾਇ ਜੀਉ॥		Kalijug Har Keeaa Pag Thrai Khisakeeaa Pag Chouthhaa Ttikai Ttikaae Jeeo ||	The Lord ushered in the Dark Age, the Iron Age of Kali Yuga; three legs of religion were lost, and only the fourth leg remained intact.	(ਜਿਸ ਮਨੁੱਖ ਦੇ ਅੰਦਰੋਂ ਧਰਮ-ਬਲਦ ਦੇ) ਤਿੰਨ ਪੈਰ ਤਿਲਕ ਗਏ (ਜਿਸ ਮਨੁੱਖ ਦੇ ਅੰਦਰ ਧਰਮ-ਬਲਦ ਸਿਰਫ਼) ਚੌਥਾ ਪੈਰ ਟਿਕਾਈ ਰੱਖਦਾ ਹੈ (ਜਿਸ ਦੇ ਅੰਦਰ ਸਿਰਫ਼ ਨਾਮ-ਮਾਤ੍ਰ ਧਰਮ ਰਹਿ ਜਾਂਦਾ ਹੈ, ਉਸ ਦੇ ਵਾਸਤੇ) ਪਰਮਾਤਮਾ ਨੇ (ਮਾਨੋ) ਕਲਿਜੁਗ ਬਣਾ ਦਿੱਤਾ।
20298	446	ਗੁਰ ਸਬਦੁ ਕਮਾਇਆ ਅਉਖਧੁ ਹਰਿ ਪਾਇਆ ਹਰਿ ਕੀਰਤਿ ਹਰਿ ਸਾਂਤਿ ਪਾਇ ਜੀਉ॥	(ਅਉ-ਖਧੁ) ਦਵਾਈ	Gur Sabadh Kamaaeiaa Aoukhadhh Har Paaeiaa Har Keerath Har Saanth Paae Jeeo ||	Acting in accordance with the Word of the Guru's Shabad, the medicine of the Lord's Name is obtained. Singing the Kirtan of the Lord's Praises, divine peace is obtained.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਕਮਾਂਦਾ ਹੈ (ਸ਼ਬਦ ਅਨੁਸਾਰ ਆਪਣਾ ਜੀਵਨ ਢਾਲਦਾ ਹੈ) ਉਹ ਹਰਿ-ਨਾਮ ਦਵਾਈ ਹਾਸਲ ਕਰ ਲੈਂਦਾ ਹੈ, ਉਹ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ, ਪਰਮਾਤਮਾ (ਉਸ ਦੇ ਅੰਦਰ) ਸ਼ਾਂਤੀ ਪੈਦਾ ਕਰ ਦੇਂਦਾ ਹੈ।

20299	446	ਹਰਿ ਕੀਰਤਿ ਰੁਤਿ ਆਈ ਹਰਿ ਨਾਮੁ ਵਡਾਈ ਹਰਿ ਹਰਿ ਨਾਮੁ ਖੇਤੁ ਜਮਾਇਆ॥		Har Keerath Ruth Aaee Har Naam Vaddaaee Har Har Naam Khaeth Jamaaeiaa ||	The season of singing the Lord's Praise has arrived; the Lord's Name is glorified, and the Name of the Lord, Har, Har, grows in the field of the body.	(ਉਸ ਮਨੁੱਖ ਨੂੰ ਸਮਝ ਆ ਜਾਂਦੀ ਹੈ ਕਿ ਇਹ ਮਨੁੱਖਾ ਜਨਮ ਦੀ) ਰੁੱਤ ਪਰਮਾਤਮਾ ਦੀ ਸਿਫ਼ਤ-ਸਾਲਾਹ ਵਾਸਤੇ ਮਿਲੀ ਹੈ, ਪਰਮਾਤਮਾ ਦਾ ਨਾਮ ਹੀ (ਲੋਕ-ਪਰਲੋਕ ਵਿਚ) ਆਦਰ-ਮਾਣ ਦੇਂਦਾ ਹੈ (ਉਹ ਮਨੁੱਖ ਆਪਣੇ ਅੰਦਰ) ਪਰਮਾਤਮਾ ਦੇ ਨਾਮ (ਦਾ) ਫਸਲ ਬੀਜਦਾ ਹੈ।
20300	446	ਕਲਿਜੁਗਿ ਬੀਜੁ ਬੀਜੈ ਬਿਨੁ ਨਾਵੈ ਸਭੁ ਲਾਹਾ ਮੂਲੁ ਗਵਾਇਆ॥		Kalijug Beej Beejae Bin Naavai Sabh Laahaa Mool Gavaaeiaa ||	In the Dark Age of Kali Yuga, if one plants any other seed than the Name, all profit and capital is lost.	ਪਰ ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਛੱਡ ਕੇ (ਕਰਮ ਕਾਂਡ ਆਦਿਕ ਕੋਈ ਹੋਰ) ਬੀਜ ਬੀਜਦਾ ਹੈ ਉਹ (ਮਾਨੋ) ਕਲਿਜੁਗ (ਦੇ ਪ੍ਰਭਾਵ) ਵਿਚ ਹੈ ਉਹ ਸਰਮਾਇਆ ਭੀ ਗਵਾ ਲੈਂਦਾ ਹੈ ਤੇ ਲਾਭ ਭੀ ਕੋਈ ਨਹੀਂ ਖੱਟਦਾ।
20301	446	ਜਨ ਨਾਨਕਿ ਗੁਰੁ ਪੂਰਾ ਪਾਇਆ ਮਨਿ ਹਿਰਦੈ ਨਾਮੁ ਲਖਾਇ ਜੀਉ॥	(ਲਖਾਇ) ਪ੍ਰਗਟ	Jan Naanak Gur Pooraa Paaeiaa Man Hiradhai Naam Lakhaae Jeeo ||	Servant Nanak has found the Perfect Guru, who has revealed to him the Naam within his heart and mind.	(ਪਰਮਾਤਮਾ ਦੀ ਕਿਰਪਾ ਨਾਲ) ਦਾਸ ਨਾਨਕ ਨੇ ਪੂਰਾ ਗੁਰੂ ਲੱਭ ਲਿਆ ਹੈ, ਗੁਰੂ ਨੇ (ਨਾਨਕ ਦੇ) ਮਨ ਵਿਚ ਹਿਰਦੇ ਵਿਚ ਪ੍ਰਭੂ ਨਾਮ ਪਟਗਟ ਕਰ ਦਿੱਤਾ ਹੈ।

20302	446	ਕਲਜੁਗੁ ਹਰਿ ਕੀਆ ਪਗ ਤ੍ਰੈ ਖਿਸਕੀਆ ਪਗੁ ਚਉਥਾ ਟਿਕੈ ਟਿਕਾਇ ਜੀਉ॥੪॥੪॥੧੧॥		Kalajug Har Keeaa Pag Thrai Khisakeeaa Pag Chouthhaa Ttikai Ttikaae Jeeo ||4||4||11||	The Lord ushered in the Dark Age, the Iron Age of Kali Yuga; three legs of religion were lost, and only the fourth leg remained intact. ||4||4||11||	(ਜਿਸ ਮਨੁੱਖ ਦੇ ਅੰਦਰੋਂ ਧਰਮ-ਬਲਦ ਦੇ) ਤਿੰਨ ਪੈਰ ਤਿਲਕ ਗਏ (ਜਿਸ ਮਨੁੱਖ ਦੇ ਅੰਦਰ ਧਰਮ-ਬਲਦ ਸਿਰਫ਼) ਚੌਥਾ ਪੈਰ ਟਿਕਾਈ ਰੱਖਦਾ ਹੈ (ਜਿਸ ਦੇ ਅੰਦਰ ਸਿਰਫ਼-ਨਾਮ-ਮਾਤ੍ਰ ਧਰਮ ਰਹਿ ਜਾਂਦਾ ਹੈ, ਉਸ ਦੇ ਵਾਸਤੇ) ਪਰਮਾਤਮਾ ਨੇ (ਮਾਨੋ) ਕਲਿਜੁਗ ਬਣਾ ਦਿੱਤਾ ਹੈ ॥੪॥੪॥੧੧॥
20303	446	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	
20304	446	ਹਰਿ ਕੀਰਤਿ ਮਨਿ ਭਾਈ ਪਰਮਗਤਿ ਪਾਈ ਹਰਿ ਮਨਿ ਤਨਿ ਮੀਠ ਲਗਾਨ ਜੀਉ॥		Har Keerath Man Bhaaee Param Gath Paaee Har Man Than Meeth Lagaan Jeeo ||	One whose mind is pleased with the Kirtan of the Lord's Praises, attains the supreme status; the Lord seems so sweet to her mind and body.	ਜਿਸ ਨੇ ਮਨ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਪਿਆਰੀ ਲੱਗ ਗਈ, ਉਸ ਨੇ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲਈ, ਉਸ ਦੇ ਮਨ ਵਿਚ ਹਿਰਦੇ ਵਿਚ ਪ੍ਰਭੂ ਪਿਆਰਾ ਲੱਗਣ ਲੱਗ ਪਿਆ।

20305	446	ਹਰਿ ਹਰਿ ਰਸੁ ਪਾਇਆ ਗੁਰਮਤਿ ਹਰਿ ਧਿਆਇਆ ਧੁਰਿ ਮਸਤਕਿ ਭਾਗ ਪੁਰਾਨ ਜੀਉ॥	(ਪੁਰਾਨ) ਪੁਰਾਣਾ	Har Har Ras Paaeiaa Guramath Har Dhhiaaeiaa Dhhur Masathak Bhaag Puraan Jeeo ||	She obtains the sublime essence of the Lord, Har, Har; through the Guru's Teachings, she meditates on the Lord, and the destiny written on her forehead is fulfilled.	ਜਿਸ ਨੇ ਗੁਰੂ ਦੀ ਮਤਿ ਲੈ ਕੇ ਪਰਮਾਤਮਾ ਦਾ ਸਿਮਰਨ ਕੀਤਾ, ਪਰਮਾਤਮਾ ਦੇ ਨਾਮ ਦਾ ਸੁਆਦ ਚੱਖਿਆ, ਉਸ ਦੇ ਮੱਥੇ ਉਤੇ ਧੁਰ ਦਰਗਾਹ ਤੋਂ ਲਿਖੇ ਹੋਏ ਪਹਿਲੇ ਭਾਗ ਜਾਗ ਪਏ।
20306	446	ਧੁਰਿ ਮਸਤਕਿ ਭਾਗੁ ਹਰਿ ਨਾਮਿ ਸੁਹਾਗੁ ਹਰਿ ਨਾਮੈ ਹਰਿ ਗੁਣ ਗਾਇਆ॥	(ਸੁਹਾਗੁ) ਵਾਹਿਗੁਰੂ ਜੀ ਪ੍ਰਾਪਤ	Dhhur Masathak Bhaag Har Naam Suhaag Har Naamai Har Gun Gaaeiaa ||	By that high destiny written on her forehead, she chants the Name of the Lord, her Husband, and through the Name of the Lord, she sings the Lord's Glorious Praises.	ਉਸ ਦੇ ਮੱਥੇ ਉਤੇ ਧੁਰ ਦਰਗਾਹ ਤੋਂ ਲਿਖਿਆ ਲੇਖ ਉੱਘੜ ਪਿਆ, ਹਰਿ-ਨਾਮ ਵਿਚ ਜੁੜ ਕੇ ਉਸ ਨੇ ਖਸਮ-ਪ੍ਰਭੂ ਨੂੰ ਲੱਭ ਲਿਆ, ਉਹ ਸਦਾ ਹਰਿ-ਨਾਮ ਵਿਚ ਜੁੜਿਆ ਰਹਿੰਦਾ ਹੈ, ਉਹ ਸਦਾ ਹੀ ਹਰੀ ਦੇ ਗੁਣ ਗਾਂਦਾ ਰਹਿੰਦਾ ਹੈ।
20307	446	ਮਸਤਕਿ ਮਣੀ ਪ੍ਰੀਤਿ ਬਹੁ ਪ੍ਰਗਟੀ ਹਰਿ ਨਾਮੈ ਹਰਿ ਸੋਹਾਇਆ॥	(ਮਣੀ) ਰਤਨ	Masathak Manee Preeth Bahu Pragattee Har Naamai Har Sohaaeiaa ||	The jewel of immense love sparkles on her forehead, and she is adorned with the Name of the Lord, Har, Har.	ਉਸ ਦੇ ਮੱਥੇ ਉਤੇ ਪ੍ਰਭੂ-ਚਰਨਾਂ ਦੀ ਪ੍ਰੀਤ ਦੀ ਮਣੀ ਚਮਕ ਉਠਦੀ ਹੈ।

20308	446	ਜੋਤੀ ਜੋਤਿ ਮਿਲੀ ਪ੍ਰਭੁ ਪਾਇਆ ਮਿਲਿ ਸਤਿਗੁਰ ਮਨੂਆ ਮਾਨ ਜੀਉ॥		Jothee Joth Milee Prabh Paaeiaa Mil Sathigur Manooaa Maan Jeeo ||	Her light blends with the Supreme Light, and she obtains God; meeting the True Guru, her mind is satisfied.	ਉਸ ਦੀ ਸੁਰਤਿ ਪ੍ਰਭੂ ਦੀ ਜੋਤਿ ਵਿਚ ਮਿਲ ਜਾਂਦੀ ਹੈ, ਉਹ ਪ੍ਰਭੂ ਨੂੰ ਮਿਲ ਪੈਂਦਾ ਹੈ, ਗੁਰੂ ਨੂੰ ਮਿਲ ਕੇ ਉਸ ਦਾ ਮਨ (ਪਰਮਾਤਮਾ ਦੀ ਯਾਦ ਵਿਚ) ਗਿੱਝ ਜਾਂਦਾ ਹੈ।
20309	446	ਹਰਿ ਕੀਰਤਿ ਮਨਿ ਭਾਈ ਪਰਮਗਤਿ ਪਾਈ ਹਰਿ ਮਨਿ ਤਨਿ ਮੀਠ ਲਗਾਨ ਜੀਉ॥੧॥		Har Keerath Man Bhaaee Param Gath Paaee Har Man Than Meeth Lagaan Jeeo ||1||	One whose mind is pleased with the Kirtan of the Lord's Praises, attains the supreme status; the Lord seems sweet to her mind and body. ||1||	ਜਿਸ ਨੇ ਮਨ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਪਿਆਰੀ ਲੱਗਣ ਲੱਗ ਪਈ, ਉਸ ਨੇ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲਈ, ਉਸ ਦੇ ਮਨ ਵਿਚ ਉਸ ਦੇ ਹਿਰਦੇ ਵਿਚ ਪ੍ਰਭੂ ਪਿਆਰਾ ਲੱਗਣ ਲੱਗ ਪਿਆ ॥੧॥
20310	446	ਹਰਿ ਹਰਿ ਜਸੁ ਗਾਇਆ ਪਰਮਪਦੁ ਪਾਇਆ ਤੇ ਊਤਮ ਜਨ ਪਰਧਾਨ ਜੀਉ॥		Har Har Jas Gaaeiaa Param Padh Paaeiaa Thae Ootham Jan Paradhhaan Jeeo ||	Those who sing the Praises of the Lord, Har, Har, obtain the supreme status; they are the most exalted and acclaimed people.	ਜੇਹੜੇ ਮਨੁੱਖ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦੇ ਹਨ, ਉਹ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦੇ ਹਨ, ਉਹ ਮਨੁੱਖ ਜਗਤ ਵਿਚ ਸ੍ਰੇਸ਼ਟ ਗਿਣੇ ਜਾਂਦੇ ਹਨ ਇੱਜ਼ਤ ਵਾਲੇ ਸਮਝੇ ਜਾਂਦੇ ਹਨ।

20311	446	ਤਿਨ੍ ਹਮ ਚਰਣ ਸਰੇਵਹ ਖਿਨੁ ਖਿਨੁ ਪਗ ਧੋਵਹ ਜਿਨ ਹਰਿ ਮੀਠ ਲਗਾਨ ਜੀਉ॥	(ਸਰੇਵਹ) ਸੇਵਾ ਕਰਦੇ	Thinh Ham Charan Saraeveh Khin Khin Pag Dhhoveh Jin Har Meeth Lagaan Jeeo ||	I bow at their feet; each and every moment, I wash the feet of those, unto whom the Lord seems sweet.	ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਪਿਆਰਾ ਲੱਗਦਾ ਹੈ, ਅਸੀਂ ਉਹਨਾਂ ਦੇ ਚਰਨਾਂ ਦੀ ਸੇਵਾ ਕਰਦੇ ਹਾਂ ਅਸੀਂ ਉਹਨਾਂ ਦੇ ਹਰ ਵੇਲੇ ਪੈਰ ਧੋਂਦੇ ਹਾਂ।
20312	446	ਹਰਿ ਮੀਠਾ ਲਾਇਆ ਪਰਮ ਸੁਖ ਪਾਇਆ ਮੁਖਿ ਭਾਗਾ ਰਤੀ ਚਾਰੇ॥	(ਰਤੀ) ਲਾਲੀ, ਪ੍ਰੀਤੀ। (ਚਾਰੇ) ਸੁੰਦਰ	Har Meethaa Laaeiaa Param Sukh Paaeiaa Mukh Bhaagaa Rathee Chaarae ||	The Lord seems sweet to them, and they obtain the supreme status; their faces are radiant and beautiful with good fortune.	ਜਿਨ੍ਹਾਂ ਨੂੰ ਪਰਮਾਤਮਾ ਪਿਆਰਾ ਲੱਗਾ, ਉਹਨਾਂ ਸਭ ਤੋਂ ਉੱਚਾ ਆਤਮਕ ਆਨੰਦ ਮਾਣਿਆ, ਉਹਨਾਂ ਦੇ ਮੂੰਹ ਉਤੇ ਚੰਗੇ ਭਾਗਾਂ ਦੀ ਸੁੰਦਰ ਮਣੀ ਚਮਕ ਪਈ।
20313	446	ਗੁਰਮਤਿ ਹਰਿ ਗਾਇਆ ਹਰਿ ਹਾਰੁ ਉਰਿ ਪਾਇਆ ਹਰਿ ਨਾਮਾ ਕੰਠਿ ਧਾਰੇ॥		Guramath Har Gaaeiaa Har Haar Our Paaeiaa Har Naamaa Kanth Dhhaarae ||	Under Guru's Instruction, they sing the Lord's Name, and wear the garland of the Lord's Name around their necks; they keep the Lord's Name in their throats.	ਜੇਹੜਾ ਮਨੁੱਖ ਗੁਰੂ ਦੀ ਮਤਿ ਲੈ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ, ਪਰਮਾਤਮਾ ਦੇ ਗੁਣਾਂ ਦਾ ਪਰਮਾਤਮਾ ਦੇ ਨਾਮ ਦਾ ਹਾਰ ਆਪਣੇ ਹਿਰਦੇ ਵਿਚ ਸਾਂਭਦਾ ਹੈ ਆਪਣੇ ਗਲ ਵਿਚ ਪਾਂਦਾ ਹੈ,
20314	446	ਸਭ ਏਕ ਦ੍ਰਿਸਟਿ ਸਮਤੁ ਕਰਿ ਦੇਖੈ ਸਭੁ ਆਤਮ ਰਾਮੁ ਪਛਾਨ ਜੀਉ॥	(ਸਮਤੁ) ਬਰਾਬਰ। ਸਮਤੁ: ਪੋਲਾ ਬੋਲੋ	Sabh Eaek Dhrisatt Samath Kar Dhaekhai Sabh Aatham Raam Pashhaan Jeeo ||	They look upon all with equality, and recognize the Supreme Soul, the Lord, pervading among all.	ਉਹ ਸਾਰੀ ਲੁਕਾਈ ਨੂੰ ਇਕ (ਪਿਆਰ-) ਨਿਗਾਹ ਨਾਲ ਇਕੋ ਜਿਹਾ ਸਮਝ ਕੇ ਵੇਖਦਾ ਹੈ, ਉਹ ਹਰ ਥਾਂ ਸਰਬ-ਵਿਆਪਕ ਪਰਮਾਤਮਾ ਨੂੰ ਵੱਸਦਾ ਪਛਾਣਦਾ ਹੈ।

20315	446	ਹਰਿ ਹਰਿ ਜਸੁ ਗਾਇਆ ਪਰਮਪਦੁ ਪਾਇਆ ਤੇ ਊਤਮ ਜਨ ਪਰਧਾਨ ਜੀਉ॥੨॥		Har Har Jas Gaaeiaa Param Padh Paaeiaa Thae Ootham Jan Paradhhaan Jeeo ||2||	Those who sing the Praises of the Lord, Har, Har, obtain the supreme status; they are the most exalted and acclaimed people. ||2||	ਜੇਹੜੇ ਮਨੁੱਖ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦੇ ਹਨ ਉਹ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦੇ ਹਨ, ਉਹ ਮਨੁੱਖ ਜਗਤ ਵਿਚ ਸ੍ਰੇਸ਼ਟ ਗਿਣੇ ਜਾਂਦੇ ਹਨ ਇੱਜ਼ਤ ਵਾਲੇ ਸਮਝੇ ਜਾਂਦੇ ਹਨ ॥੨॥
20316	446	ਸਤਸੰਗਤਿ ਮਨਿ ਭਾਈ ਹਰਿ ਰਸਨ ਰਸਾਈ ਵਿਚਿ ਸੰਗਤਿ ਹਰਿ ਰਸੁ ਹੋਇ ਜੀਉ॥	(ਰਸਨ) ਰਸ ਚ। (ਰਸਾਈ) ਰਸ ਮਈ	Sathasangath Man Bhaaee Har Rasan Rasaaee Vich Sangath Har Ras Hoe Jeeo ||	One whose mind is pleased with the Sat Sangat, the True Congregation, savors the sublime essence of the Lord; in the Sangat, is this essence of the Lord.	ਹਰਿ-ਨਾਮ ਦੇ ਰਸ ਨਾਲ ਰਸੀ ਹੋਈ ਸਾਧ ਸੰਗਤਿ ਜਿਸ ਮਨੁੱਖ ਨੂੰ ਆਪਣੇ ਮਨ ਵਿਚ ਪਿਆਰੀ ਲੱਗਦੀ ਹੈ ਉਸ ਨੂੰ ਸੰਗਤਿ ਵਿਚ ਹਰਿ-ਨਾਮ ਦਾ ਸੁਆਦ ਪ੍ਰਾਪਤ ਹੁੰਦਾ ਹੈ।
20317	446	ਹਰਿ ਹਰਿ ਆਰਾਧਿਆ ਗੁਰ ਸਬਦਿ ਵਿਗਾਸਿਆ ਬੀਜਾ ਅਵਰੁ ਨ ਕੋਇ ਜੀਉ॥	(ਬੀਜਾ) ਦੂਜਾ	Har Har Aaraadhhiaa Gur Sabadh Vigaasiaa Beejaa Avar N Koe Jeeo ||	He meditates in adoration upon the Lord, Har, Har, and through the Word of the Guru's Shabad, he blossoms forth. He plants no other seed.	ਉਹ ਮਨੁੱਖ ਜਿਉਂ ਜਿਉਂ ਪਰਮਾਤਮਾ ਦਾ ਨਾਮ ਆਰਾਧਦਾ ਹੈ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਉਸ ਦਾ ਹਿਰਦਾ) ਖਿੜ ਆਉਂਦਾ ਹੈ ਉਸ ਨੂੰ ਕਿਤੇ ਭੀ ਪਰਮਾਤਮਾ ਤੋਂ ਬਿਨਾ ਕੋਈ ਹੋਰ ਨਹੀਂ ਦਿੱਸਦਾ।

20318	446	ਅਵਰੁ ਨ ਕੋਇ ਹਰਿ ਅੰਮ੍ਰਿਤੁ ਸੋਇ ਜਿਨਿ ਪੀਆ ਸੋ ਬਿਧਿ ਜਾਣੈ॥		Avar N Koe Har Anmrith Soe Jin Peeaa So Bidhh Jaanai ||	There is no Nectar, other than the Lord's Ambrosial Nectar. One who drinks it in, knows the way.	ਉਸ ਨੂੰ ਕਿਤੇ ਭੀ ਪ੍ਰਭੂ ਤੋਂ ਬਿਨਾ ਕੋਈ ਹੋਰ ਨਹੀਂ ਦਿੱਸਦਾ, ਉਹ ਸਦਾ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਲ ਪੀਂਦਾ ਰਹਿੰਦਾ ਹੈ। ਜੇਹੜਾ ਮਨੁੱਖ ਇਹ ਨਾਮ-ਅੰਮ੍ਰਿਤ ਪੀਂਦਾ ਹੈ ਉਹੀ ਆਪਣੀ ਆਤਮਕ ਦਸ਼ਾ ਨੂੰ ਜਾਣਦਾ ਹੈ।
20319	446	ਧਨੁ ਧੰਨੁ ਗੁਰੂ ਪੂਰਾ ਪ੍ਰਭੁ ਪਾਇਆ ਲਗਿ ਸੰਗਤਿ ਨਾਮੁ ਪਛਾਣੈ॥	ਲੱਗਿ	Dhhan Dhhann Guroo Pooraa Prabh Paaeiaa Lag Sangath Naam Pashhaanai ||	Hail, hail to the Perfect Guru; through Him, God is found. Joining the Sangat, the Naam is understood.	ਉਹ ਮਨੁੱਖ ਹਰ ਵੇਲੇ ਪੂਰੇ ਗੁਰੂ ਦਾ ਧੰਨਵਾਦ ਕਰਦਾ ਹੈ ਕਿਉਂਕਿ ਗੁਰੂ ਦੀ ਰਾਹੀਂ ਉਹ ਪਰਮਾਤਮਾ ਨੂੰ ਮਿਲ ਪੈਂਦਾ ਹੈ ਗੁਰੂ ਦੀ ਸੰਗਤਿ ਦੀ ਸਰਨ ਪੈ ਕੇ ਉਹ ਪਰਮਾਤਮਾ ਦੇ ਨਾਲ ਡੂੰਘੀ ਸਾਂਝ ਪਾਂਦਾ ਹੈ।
20320	446	ਨਾਮੋ ਸੇਵਿ ਨਾਮੋ ਆਰਾਧੈ ਬਿਨੁ ਨਾਮੈ ਅਵਰੁ ਨ ਕੋਇ ਜੀਉ॥		Naamo Saev Naamo Aaraadhhai Bin Naamai Avar N Koe Jeeo ||	I serve the Naam, and I meditate on the Naam. Without the Naam, there is no other at all.	ਉਹ ਮਨੁੱਖ ਸਦਾ ਹਰਿ-ਨਾਮ ਹੀ ਸਿਮਰਦਾ ਹੈ ਹਰਿ-ਨਾਮ ਹੀ ਆਰਾਧਦਾ ਹੈ। ਪਰਮਾਤਮਾ ਦੇ ਨਾਮ ਤੋਂ ਬਿਨਾ ਉਸ ਨੂੰ ਕੋਈ ਹੋਰ ਚੀਜ਼ ਪਿਆਰੀ ਨਹੀਂ ਲੱਗਦੀ।

20321	446	ਸਤਸੰਗਤਿ ਮਨਿ ਭਾਈ ਹਰਿ ਰਸਨ ਰਸਾਈ ਵਿਚਿ ਸੰਗਤਿ ਹਰਿ ਰਸੁ ਹੋਇ ਜੀਉ॥੩॥		Sathasangath Man Bhaaee Har Rasan Rasaaee Vich Sangath Har Ras Hoe Jeeo ||3||	One whose mind is pleased with the Sat Sangat, savors the sublime essence of the Lord; in the Sangat, is this essence of the Lord. ||3||	ਹਰਿ-ਨਾਮ ਦੇ ਰਸ ਨਾਲ ਰਸੀ ਹੋਈ ਸਾਧ-ਸੰਗਤਿ ਜਿਸ ਮਨੁੱਖ ਨੂੰ ਆਪਣੇ ਮਨ ਵਿਚ ਪਿਆਰੀ ਲੱਗਦੀ ਹੈ ਉਸ ਨੂੰ ਸੰਗਤਿ ਵਿਚ ਹਰਿ-ਨਾਮ ਦਾ ਸੁਆਦ ਪ੍ਰਾਪਤ ਹੁੰਦਾ ਹੈ ॥੩॥
20322	446	ਹਰਿ ਦਇਆ ਪ੍ਰਭ ਧਾਰਹੁ ਪਾਖਣ ਹਮ ਤਾਰਹੁ ਕਢਿ ਲੇਵਹੁ ਸਬਦਿ ਸੁਭਾਇ ਜੀਉ॥	ਦ-ਇਆ। (ਪਾਖਣ) ਪੱਥਰ। (ਸੁਭਾਇ) ਪ੍ਰੇਮ ਚ।	Har Dhaeiaa Prabh Dhhaarahu Paakhan Ham Thaarahu Kadt Laevahu Sabadh Subhaae Jeeo ||	O Lord God, shower Your Mercy upon me; I am just a stone. Please, carry me across, and lift me up with ease, through the Word of the Shabad.	ਹੇ ਹਰੀ! ਹੇ ਪ੍ਰਭੂ! ਮੇਹਰ ਕਰ, ਸਾਨੂੰ ਕਠੋਰ-ਦਿਲਾਂ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈ, ਗੁਰੂ ਦੇ ਸ਼ਬਦ ਵਿਚ ਜੋੜ ਕੇ ਆਪਣੇ ਪ੍ਰੇਮ ਵਿਚ ਜੋੜ ਕੇ ਸਾਨੂੰ (ਮੋਹ ਦੇ ਚਿੱਕੜ ਵਿਚੋਂ) ਕੱਢ ਲੈ।
20323	446	ਮੋਹ ਚੀਕੜਿ ਢਾਥੇ ਨਿਘਰਤ ਹਮ ਜਾਤੇ ਹਰਿ ਬਾਂਹ ਪ੍ਰਭੂ ਪਕਰਾਇ ਜੀਉ॥	ਚੀਕੜਿ। (ਨਿਘਰਤ) ਡੁੱਬਦੇ।	Moh Cheekarr Faathhae Nigharath Ham Jaathae Har Baanh Prabhoo Pakaraae Jeeo ||	I am stuck in the swamp of emotional attachment, and I am sinking. O Lord God, please, take me by the arm.	ਹੇ ਹਰੀ! ਅਸੀਂ (ਮਾਇਆ ਦੇ) ਮੋਹ ਦੇ ਚਿੱਕੜ ਵਿਚ ਫਸੇ ਹੋਏ ਹਾਂ, ਆਤਮਕ ਜੀਵਨ ਵਲੋਂ ਅਸੀਂ ਡਿੱਗਦੇ ਜਾ ਰਹੇ ਹਾਂ, ਹੇ ਪ੍ਰਭੂ! ਸਾਨੂੰ ਆਪਣੀ ਬਾਂਹ ਫੜਾ।

20324	446	ਪ੍ਰਭਿ ਬਾਂਹ ਪਕਰਾਈ ਊਤਮ ਮਤਿ ਪਾਈ ਗੁਰ ਚਰਣੀ ਜਨੁ ਲਾਗਾ॥		Prabh Baanh Pakaraaee Ootham Math Paaee Gur Charanee Jan Laagaa ||	God took me by the arm, and I obtained the highest understanding; as His slave, I grasped the Guru's feet.	(ਜਿਸ ਮਨੁੱਖ ਨੂੰ) ਪ੍ਰਭੂ ਨੇ ਆਪਣੀ ਬਾਂਹ ਫੜਾ ਦਿੱਤੀ ਉਸ ਨੇ ਸ੍ਰੇਸ਼ਟ ਮਤਿ ਪ੍ਰਾਪਤ ਕਰ ਲਈ, ਉਹ ਮਨੁੱਖ ਗੁਰੂ ਦੀ ਸਰਨ ਜਾ ਪਿਆ,
20325	447	ਹਰਿ ਹਰਿ ਨਾਮੁ ਜਪਿਆ ਆਰਾਧਿਆ ਮੁਖਿ ਮਸਤਕਿ ਭਾਗੁ ਸਭਾਗਾ॥	(ਸਭਾਗਾ) ਚੰਗਾ ਭਾਗ	Har Har Naam Japiaa Aaraadhhiaa Mukh Masathak Bhaag Sabhaagaa ||	I chant and meditate in adoration upon the Name of the Lord, Har, Har, according to the good destiny written upon my forehead.	ਉਹ ਮਨੁੱਖ ਹਰ ਵੇਲੇ ਪਰਮਾਤਮਾ ਦਾ ਨਾਮ ਜਪਣ ਲੱਗ ਪਿਆ ਹਰਿ-ਨਾਮ ਸਿਮਰਨ ਲੱਗ ਪਿਆ, ਉਸ ਦੇ ਮੂੰਹ ਉਤੇ ਉਸ ਦੇ ਮੱਥੇ ਉੱਤੇ ਚੰਗਾ ਭਾਗ ਜਾਗ ਪਿਆ।
20326	447	ਜਨ ਨਾਨਕ ਹਰਿ ਕਿਰਪਾ ਧਾਰੀ ਮਨਿ ਹਰਿ ਹਰਿ ਮੀਠਾ ਲਾਇ ਜੀਉ॥		Jan Naanak Har Kirapaa Dhhaaree Man Har Har Meethaa Laae Jeeo ||	The Lord has showered His Mercy upon servant Nanak, and the Name of the Lord, Har, Har, seems so sweet to his mind.	ਹੇ ਦਾਸ ਨਾਨਕ! (ਆਖ-) ਜਿਸ ਮਨੁੱਖ ਉਤੇ ਪ੍ਰਭੂ ਨੇ ਮੇਹਰ ਕੀਤੀ ਉਸ ਦੇ ਮਨ ਵਿਚ ਪਰਮਾਤਮਾ ਦਾ ਨਾਮ ਪਿਆਰਾ ਲੱਗਣ ਲੱਗ ਪੈਂਦਾ ਹੈ।

20327	447	ਹਰਿ ਦਇਆ ਪ੍ਰਭ ਧਾਰਹੁ ਪਾਖਣ ਹਮ ਤਾਰਹੁ ਕਢਿ ਲੇਵਹੁ ਸਬਦਿ ਸੁਭਾਇ ਜੀਉ॥੪॥੫॥੧੨॥		Har Dhaeiaa Prabh Dhhaarahu Paakhan Ham Thaarahu Kadt Laevahu Sabadh Subhaae Jeeo ||4||5||12||	O Lord God, shower Your Mercy upon me; I am just a stone. Please, carry me across, and lift me up with ease, through the Word of the Shabad. ||4||5||12||	ਹੇ ਹਰੀ! ਹੇ ਪ੍ਰਭੂ! ਮੇਹਰ ਕਰ, ਸਾਨੂੰ ਕਠੋਰ-ਦਿਲਾਂ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈ, ਗੁਰੂ ਦੇ ਸ਼ਬਦ ਵਿਚ ਜੋੜ ਕੇ, ਆਪਣੇ ਪ੍ਰੇਮ ਵਿਚ ਜੋੜ ਕੇ ਸਾਨੂੰ (ਮੋਹ ਦੇ ਚਿੱਕੜ ਵਿਚੋਂ) ਕੱਢ ਲੈ ॥੪॥੫॥੧੨॥
20328	447	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	
20329	447	ਮਨਿ ਨਾਮੁ ਜਪਾਨਾ ਹਰਿ ਹਰਿ ਮਨਿ ਭਾਨਾ ਹਰਿ ਭਗਤ ਜਨਾ ਮਨਿ ਚਾਉ ਜੀਉ॥	(ਭਾਨਾ) ਚੰਗਾ ਲੱਗਿਆ	Man Naam Japaanaa Har Har Man Bhaanaa Har Bhagath Janaa Man Chaao Jeeo ||	One who chants the Naam, the Name of the Lord, Har, Har in his mind - the Lord is pleasing to his mind. In the mind of the devotees there is a great yearning for the Lord.	ਭਗਤ ਜਨ ਆਪਣੇ ਮਨ ਵਿਚ ਸਦਾ ਹਰਿ-ਨਾਮਿ ਜਪਦੇ ਹਨ, ਹਰਿ-ਨਾਮ ਉਹਨਾਂ ਨੂੰ ਮਨ ਵਿਚ ਪਿਆਰਾ ਲੱਗਦਾ ਹੈ, ਨਾਮ ਜਪਣ ਦਾ ਉਹਨਾਂ ਦੇ ਮਨ ਵਿਚ ਚਾਉ ਬਣਿਆ ਰਹਿੰਦਾ ਹੈ।

20330	447	ਜੋ ਜਨ ਮਰਿ ਜੀਵੇ ਤਿਨ੍ ਅੰਮ੍ਰਿਤੁ ਪੀਵੇ ਮਨਿ ਲਾਗਾ ਗੁਰਮਤਿ ਭਾਉ ਜੀਉ॥		Jo Jan Mar Jeevae Thinh Anmrith Peevae Man Laagaa Guramath Bhaao Jeeo ||	Those humble beings who remain dead while yet alive, drink in the Ambrosial Nectar; through the Guru's Teachings, their minds embrace love for the Lord.	ਜੇਹੜੇ ਮਨੁੱਖ ਆਪਾ-ਭਾਵ ਮਿਟਾ ਕੇ ਆਤਮਕ ਜੀਵਨ ਜੀਊਂਦੇ ਹਨ ਉਹ ਸਦਾ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦੇ ਰਹਿੰਦੇ ਹਨ, ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਉਹਨਾਂ ਦੇ ਮਨ ਵਿਚ ਪ੍ਰਭੂ ਵਾਸਤੇ ਪਿਆਰ ਬਣਿਆ ਰਹਿੰਦਾ ਹੈ।
20331	447	ਮਨਿ ਹਰਿ ਹਰਿ ਭਾਉ ਗੁਰੁ ਕਰੇ ਪਸਾਉ ਜੀਵਨ ਮੁਕਤੁ ਸੁਖੁ ਹੋਈ॥	(ਪਸਾਉ) ਕ੍ਰਿਪਾ	Man Har Har Bhaao Gur Karae Pasaao Jeevan Mukath Sukh Hoee ||	Their minds love the Lord, Har, Har, and the Guru is Merciful to them. They are Jivan Mukta - liberated while yet alive, and they are at peace.	ਜਿਸ ਮਨੁੱਖ ਉਤੇ ਗੁਰੂ ਕਿਰਪਾ ਕਰਦਾ ਹੈ ਉਸ ਦੇ ਮਨ ਵਿਚ ਪ੍ਰਭੂ-ਚਰਨਾਂ ਲਈ ਪਿਆਰ ਪੈਦਾ ਹੋ ਜਾਂਦਾ ਹੈ ਉਹ ਮਨੁੱਖ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਮਾਇਆ ਦੇ ਬੰਧਨਾਂ ਤੋਂ ਛੁਟ ਜਾਂਦਾ ਹੈ, ਉਹ ਆਤਮਕ ਆਨੰਦ ਮਾਣਦਾ ਹੈ।
20332	447	ਜੀਵਣਿ ਮਰਣਿ ਹਰਿ ਨਾਮਿ ਸੁਹੇਲੇ ਮਨਿ ਹਰਿ ਹਰਿ ਹਿਰਦੈ ਸੋਈ॥		Jeevan Maran Har Naam Suhaelae Man Har Har Hiradhai Soee ||	Their birth and death, through the Name of the Lord, are illustrious, and in their hearts and minds, the Lord, Har, Har, abides.	ਆਤਮਕ ਜੀਵਨ ਜੀਊਣ ਦੇ ਕਾਰਨ ਤੇ ਆਪਾ-ਭਾਵ ਵਲੋਂ ਮਰਨ ਦੇ ਕਾਰਨ ਪਰਮਾਤਮਾ ਦੇ ਨਾਮ ਵਿਚ ਜੁੜੇ ਰਹਿਣ ਵਾਲੇ ਮਨੁੱਖ ਸਦਾ ਸੌਖੇ ਰਹਿੰਦੇ ਹਨ, ਉਹਨਾਂ ਦੇ ਮਨ ਵਿਚ ਉਹਨਾਂ ਦੇ ਹਿਰਦੇ ਵਿਚ ਸਦਾ ਉਹ ਪਰਮਾਤਮਾ ਹੀ ਵੱਸਿਆ ਰਹਿੰਦਾ ਹੈ।

20333	447	ਮਨਿ ਹਰਿ ਹਰਿ ਵਸਿਆ ਗੁਰਮਤਿ ਹਰਿ ਰਸਿਆ ਹਰਿ ਹਰਿ ਰਸ ਗਟਾਕ ਪੀਆਉ ਜੀਉ॥	(ਗਟਾਕ) ਘੁੱਟਾਂ ਭਰ	Man Har Har Vasiaa Guramath Har Rasiaa Har Har Ras Gattaak Peeaao Jeeo ||	The Name of the Lord, Har, Har, abides in their minds, and through the Guru's Teachings, they savor the Lord, Har, Har; they drink in the sublime essence of the Lord with abandon.	ਗੁਰੂ ਦੀ ਮਤਿ ਦਾ ਸਦਕਾ ਉਹਨਾਂ ਦੇ ਮਨ ਵਿਚ ਸਦਾ ਪਰਮਾਤਮਾ ਦਾ ਨਾਮ ਵੱਸਿਆ ਰਹਿੰਦਾ ਹੈ, ਹਰਿ-ਨਾਮ ਉਹਨਾਂ ਦੇ ਅੰਦਰ ਰਚ ਜਾਂਦਾ ਹੈ, ਉਹ ਹਰਿ-ਨਾਮ-ਜਲ, ਮਾਨੋ, ਗਟ ਗਟ ਗਟ ਕਰ ਕੇ ਪੀਂਦੇ ਰਹਿੰਦੇ ਹਨ।
20334	447	ਮਨਿ ਨਾਮੁ ਜਪਾਨਾ ਹਰਿ ਹਰਿ ਮਨਿ ਭਾਨਾ ਹਰਿ ਭਗਤ ਜਨਾ ਮਨਿ ਚਾਉ ਜੀਉ॥੧॥		Man Naam Japaanaa Har Har Man Bhaanaa Har Bhagath Janaa Man Chaao Jeeo ||1||	One who chants the Naam, the Name of the Lord, Har, Har, in his mind - the Lord is pleasing to his mind. In the mind of the devotees there is such a great yearning for the Lord. ||1||	ਭਗਤ ਜਨ ਆਪਣੇ ਮਨ ਵਿਚ ਸਦਾ ਹਰਿ-ਨਾਮ ਜਪਦੇ ਹਨ, ਹਰਿ-ਨਾਮ ਉਹਨਾਂ ਨੂੰ ਮਨ ਵਿਚ ਪਿਆਰਾ ਲੱਗਦਾ ਹੈ, ਨਾਮ ਜਪਣ ਦਾ ਉਹਨਾਂ ਦੇ ਮਨ ਵਿਚ ਚਾਉ ਬਣਿਆ ਰਹਿੰਦਾ ਹੈ ॥੧॥
20335	447	ਜਗਿ ਮਰਣੁ ਨ ਭਾਇਆ ਨਿਤ ਆਪੁ ਲੁਕਾਇਆ ਮਤ ਜਮੁ ਪਕਰੈ ਲੈ ਜਾਇ ਜੀਉ॥		Jag Maran N Bhaaeiaa Nith Aap Lukaaeiaa Math Jam Pakarai Lai Jaae Jeeo ||	The people of the world do not like death; they try to hide from it. They are afraid that the Messenger of Death may catch them and take them away.	ਜਗਤ ਵਿਚ (ਕਿਸੇ ਨੂੰ ਭੀ) ਮੌਤ ਪਸੰਦ ਨਹੀਂ ਆਉਂਦੀ, (ਹਰ ਕੋਈ) ਸਦਾ ਆਪਣੀ ਜਿੰਦ ਨੂੰ ਲੁਕਾਂਦਾ ਹੈ ਕਿ ਕਿਤੇ ਜਮ ਇਸ ਨੂੰ ਫੜ ਕੇ ਲੈ ਨ ਜਾਏ।

20336	447	ਹਰਿ ਅੰਤਰਿ ਬਾਹਰਿ ਹਰਿ ਪ੍ਰਭੁ ਏਕੋ ਇਹੁ ਜੀਅੜਾ ਰਖਿਆ ਨ ਜਾਇ ਜੀਉ॥		Har Anthar Baahar Har Prabh Eaeko Eihu Jeearraa Rakhiaa N Jaae Jeeo ||	Inwardly and outwardly, the Lord God is the One and Only; this soul cannot be concealed from Him.	ਪਰ ਪਰਮਾਤਮਾ ਹਰੇਕ ਦੇ ਅੰਦਰ ਤੇ ਬਾਹਰ ਸਾਰੇ ਜਗਤ ਵਿੱਚ ਭੀ ਵੱਸਦਾ ਹੈ, ਉਸ ਪਾਸੋਂ ਲੁਕਾ ਕੇ ਇਹ ਜਿੰਦ (ਮੌਤ ਤੋਂ) ਬਚਾਈ ਨਹੀਂ ਜਾ ਸਕਦੀ।
20337	447	ਕਿਉ ਜੀਉ ਰਖੀਜੈ ਹਰਿ ਵਸਤੁ ਲੋੜੀਜੈ ਜਿਸ ਕੀ ਵਸਤੁ ਸੋ ਲੈ ਜਾਇ ਜੀਉ॥		Kio Jeeo Rakheejai Har Vasath Lorreejai Jis Kee Vasath So Lai Jaae Jeeo ||	How can one keep one's soul, when the Lord wishes to have it? All things belong to Him, and He shall take them away.	ਇਹ ਜਿੰਦ ਕਿਸੇ ਤਰ੍ਹਾਂ ਭੀ (ਮੌਤ ਤੋਂ) ਬਚਾ ਕੇ ਰੱਖੀ ਨਹੀਂ ਜਾ ਸਕਦੀ, ਹਰਿ-ਪ੍ਰਭੂ ਇਸ (ਜਿੰਦ-) ਵਸਤ ਨੂੰ ਲੱਭ ਹੀ ਲੈਂਦਾ ਹੈ। ਪਰਮਾਤਮਾ ਦੀ ਇਹ ਚੀਜ਼ ਹੈ ਉਹ ਇਸ ਨੂੰ ਲੈ ਹੀ ਜਾਂਦਾ ਹੈ।
20338	447	ਮਨਮੁਖ ਕਰਣ ਪਲਾਵ ਕਰਿ ਭਰਮੇ ਸਭਿ ਅਉਖਧ ਦਾਰੂ ਲਾਇ ਜੀਉ॥	(ਕਰਣ) ਕੀਰਨੇ ਬਿਰਲਾਪ। (ਪਲਾਵ) ਯਤਨ	Manamukh Karan Palaav Kar Bharamae Sabh Aoukhadhh Dhaaroo Laae Jeeo ||	The self-willed manmukhs wander around in pathetic lamentation, trying all medicines and remedies.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਤਰਲੇ ਕਰ ਕਰ ਕੇ ਹਰੇਕ ਕਿਸਮ ਦਾ ਦਵਾ-ਦਾਰੂ ਵਰਤ ਕੇ ਭਟਕਦੇ ਫਿਰਦੇ ਹਨ, ਪਰ ਜਿਸ ਪਰਮਾਤਮਾ ਦੀ ਦਿੱਤੀ ਹੋਈ ਇਹ ਚੀਜ਼ ਹੈ ਉਹ ਮਾਲਕ-ਪ੍ਰਭੂ ਇਸ ਨੂੰ ਲੈ ਹੀ ਲੈਂਦਾ ਹੈ।

20339	447	ਜਿਸ ਕੀ ਵਸਤੁ ਪ੍ਰਭੁ ਲਏ ਸੁਆਮੀ ਜਨ ਉਬਰੇ ਸਬਦੁ ਕਮਾਇ ਜੀਉ॥		Jis Kee Vasath Prabh Leae Suaamee Jan Oubarae Sabadh Kamaae Jeeo ||	God, the Master, unto whom all things belong, shall take them away; the Lord's servant is redeemed by living the Word of the Shabad.	ਪਰਮਾਤਮਾ ਦੇ ਸੇਵਕ ਗੁਰੂ ਦਾ ਸ਼ਬਦ ਕਮਾ ਕੇ (ਸ਼ਬਦ ਅਨੁਸਾਰ ਆਪਣਾ ਆਤਮਕ ਜੀਵਨ ਬਣਾ ਕੇ, ਮੌਤ ਦੇ ਸਹਮ ਤੋਂ) ਬਚ ਜਾਂਦੇ ਹਨ।
20340	447	ਜਗਿ ਮਰਣੁ ਨ ਭਾਇਆ ਨਿਤ ਆਪੁ ਲੁਕਾਇਆ ਮਤ ਜਮੁ ਪਕਰੈ ਲੈ ਜਾਇ ਜੀਉ॥੨॥		Jag Maran N Bhaaeiaa Nith Aap Lukaaeiaa Math Jam Pakarai Lai Jaae Jeeo ||2||	The people of the world do not like death; they try to hide from it. They are afraid that the Messenger of Death may catch them and take them away. ||2||	ਜਗਤ ਵਿਚ (ਕਿਸੇ ਨੂੰ ਭੀ) ਮੌਤ ਚੰਗੀ ਨਹੀਂ ਲੱਗਦੀ (ਹਰੇਕ ਜੀਵ) ਸਦਾ ਆਪਣੀ ਜਿੰਦ ਨੂੰ ਲੁਕਾਂਦਾ ਹੈ ਕਿ ਕਿਤੇ ਜਮ ਇਸ ਨੂੰ ਫੜ ਕੇ ਲੈ ਨ ਜਾਏ ॥੨॥
20341	447	ਧੁਰਿ ਮਰਣੁ ਲਿਖਾਇਆ ਗੁਰਮੁਖਿ ਸੋਹਾਇਆ ਜਨ ਉਬਰੇ ਹਰਿ ਹਰਿ ਧਿਆਨਿ ਜੀਉ॥		Dhhur Maran Likhaaeiaa Guramukh Sohaaeiaa Jan Oubarae Har Har Dhhiaan Jeeo ||	Death is pre-ordained; the Gurmukhs look beauteous, and the humble beings are saved, meditating on the Lord, Har, Har.	ਗੁਰੂ ਦੀ ਸਰਨ ਪਏ ਰਹਿਣ ਵਾਲੇ ਮਨੁੱਖਾਂ ਨੂੰ ਇਹ ਧੁਰ ਦਰਗਾਹ ਤੋਂ ਲਿਖੀ ਹੋਈ ਮੌਤ ਭੀ ਸੋਹਣੀ ਲੱਗਦੀ ਹੈ, ਉਹ ਗੁਰਮੁਖਿ-ਜਨ ਪਰਮਾਤਮਾ ਦੇ ਚਰਨਾਂ ਦੇ ਧਿਆਨ ਵਿਚ ਜੁੜ ਕੇ (ਮੌਤ ਦੇ ਸਹਮ ਵਲੋਂ) ਬਚੇ ਰਹਿੰਦੇ ਹਨ।

20342	447	ਹਰਿ ਸੋਭਾ ਪਾਈ ਹਰਿ ਨਾਮਿ ਵਡਿਆਈ ਹਰਿ ਦਰਗਹ ਪੈਧੇ ਜਾਨਿ ਜੀਉ॥	(ਪੈੱਧੇ) ਸਿਰਪਾਉ ਪਹਿਨੇ	Har Sobhaa Paaee Har Naam Vaddiaaee Har Dharageh Paidhhae Jaan Jeeo ||	Through the Lord they obtain honor, and through the Lord's Name, glorious greatness. In the Court of the Lord, they are robed in honor.	ਪਰਮਾਤਮਾ ਦੇ ਨਾਮ ਵਿਚ ਜੁੜ ਕੇ (ਉਹ ਗੁਰਮੁਖ) (ਲੋਕ ਪਰਲੋਕ ਵਿਚ) ਸੋਭਾ ਤੇ ਵਡਿਆਈ ਖੱਟਦੇ ਹਨ, ਜਗਤ ਤੋਂ ਇੱਜ਼ਤ-ਵਡਿਆਈ ਲੈ ਕੇ ਉਹ ਪਰਮਾਤਮਾ ਦੀ ਦਰਗਾਹ ਵਿਚ ਜਾਂਦੇ ਹਨ।
20343	447	ਹਰਿ ਦਰਗਹ ਪੈਧੇ ਹਰਿ ਨਾਮੈ ਸੀਧੇ ਹਰਿ ਨਾਮੈ ਤੇ ਸੁਖੁ ਪਾਇਆ॥	(ਸੀਧੇ) ਸਫ਼ਲ ਹੋਏ	Har Dharageh Paidhhae Har Naamai Seedhhae Har Naamai Thae Sukh Paaeiaa ||	Robed in honor in the Court of the Lord, in the perfection of the Lord's Name, they obtain peace through the Lord's Name.	(ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ) ਪਰਮਾਤਮਾ ਦੀ ਹਜ਼ੂਰੀ ਵਿਚ ਇੱਜ਼ਤ ਹਾਸਲ ਕਰਦੇ ਹਨ, ਹਰਿ-ਨਾਮ ਦੀ ਬਰਕਤਿ ਨਾਲ ਉਹ ਆਪਣਾ ਜੀਵਨ ਕਾਮਯਾਬ ਬਣਾ ਲੈਂਦੇ ਹਨ, ਪਰਮਾਤਮਾ ਦੇ ਨਾਮ ਤੋਂ ਉਹ ਆਤਮਕ ਆਨੰਦ ਪ੍ਰਾਪਤ ਕਰਦੇ ਹਨ।
20344	447	ਜਨਮ ਮਰਣ ਦੋਵੈ ਦੁਖ ਮੇਟੇ ਹਰਿ ਰਾਮੈ ਨਾਮਿ ਸਮਾਇਆ॥		Janam Maran Dhovai Dhukh Maettae Har Raamai Naam Samaaeiaa ||	The pains of both birth and death are eliminated, and they merge into the Name of the Lord.	(ਗੁਰੂ ਦੇ ਦਰ ਤੇ ਟਿਕੇ ਰਹਿਣ ਵਾਲੇ ਮਨੁੱਖ) ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦੇ ਹਨ, ਤੇ ਇਸ ਤਰ੍ਹਾਂ ਉਹ ਜੂਨਾਂ ਦਾ ਗੇੜ ਅਤੇ ਮੌਤ-ਇਹਨਾਂ ਦੋਹਾਂ ਦੁੱਖਾਂ ਨੂੰ ਮਿਟਾ ਲੈਂਦੇ ਹਨ।

20345	447	ਹਰਿ ਜਨ ਪ੍ਰਭੁ ਰਲਿ ਏਕੋ ਹੋਏ ਹਰਿ ਜਨ ਪ੍ਰਭੁ ਏਕ ਸਮਾਨਿ ਜੀਉ॥		Har Jan Prabh Ral Eaeko Hoeae Har Jan Prabh Eaek Samaan Jeeo ||	The Lord's servants meet with God and merge into Oneness. The Lord's servant and God are one and the same.	ਪਰਮਾਤਮਾ ਦੇ ਭਗਤ ਅਤੇ ਪਰਮਾਤਮਾ ਮਿਲ ਕੇ ਇੱਕ-ਰੂਪ ਹੋ ਜਾਂਦੇ ਹਨ, ਪਰਮਾਤਮਾ ਦੇ ਭਗਤ ਅਤੇ ਪਰਮਾਤਮਾ ਇਕੋ ਜਿਹੇ ਹੋ ਜਾਂਦੇ ਹਨ।
20346	447	ਧੁਰਿ ਮਰਣੁ ਲਿਖਾਇਆ ਗੁਰਮੁਖਿ ਸੋਹਾਇਆ ਜਨ ਉਬਰੇ ਹਰਿ ਹਰਿ ਧਿਆਨਿ ਜੀਉ॥੩॥		Dhhur Maran Likhaaeiaa Guramukh Sohaaeiaa Jan Oubarae Har Har Dhhiaan Jeeo ||3||	Death is pre-ordained; the Gurmukhs look beauteous, and the humble beings are saved, meditating on the Lord, Har, Har. ||3||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਨੂੰ ਇਹ ਧੁਰ ਦਰਗਾਹ ਤੋਂ ਲਿਖੀ ਹੋਈ ਮੌਤ ਭੀ ਸੋਹਣੀ ਲੱਗਦੀ ਹੈ, ਉਹ ਗੁਰਮੁਖਿ ਬੰਦੇ ਪਰਮਾਤਮਾ ਦੇ ਧਿਆਨ ਵਿਚ ਲੀਨ ਹੋ ਕੇ (ਮੌਤ ਦੇ ਸਹਮ ਵਲੋਂ) ਬਚੇ ਰਹਿੰਦੇ ਹਨ ॥੩॥
20347	447	ਜਗੁ ਉਪਜੈ ਬਿਨਸੈ ਬਿਨਸਿ ਬਿਨਾਸੈ ਲਗਿ ਗੁਰਮੁਖਿ ਅਸਥਿਰੁ ਹੋਇ ਜੀਉ॥	ਲੱਗਿ	Jag Oupajai Binasai Binas Binaasai Lag Guramukh Asathhir Hoe Jeeo ||	The people of the world are born, only to perish, and perish, and perish again. Only by attaching oneself to the Lord as Gurmukh, does one become permanent.	(ਮਾਇਆ-ਗ੍ਰਸਿਆ) ਜਗਤ (ਮੁੜ ਮੁੜ) ਜੰਮਦਾ ਹੈ ਮਰਦਾ ਹੈ ਆਤਮਕ ਮੌਤੇ ਮਰਦਾ ਰਹਿੰਦਾ ਹੈ, ਗੁਰੂ ਦੀ ਰਾਹੀਂ (ਪ੍ਰਭੂ-ਚਰਨਾਂ ਵਿਚ) ਲੱਗ ਕੇ (ਮਾਇਆ ਦੇ ਮੋਹ ਵਲੋਂ) ਅਡੋਲ-ਚਿੱਤ ਹੋ ਜਾਂਦਾ ਹੈ।

20348	447	ਗੁਰੁ ਮੰਤ੍ਰੁ ਦ੍ਰਿੜਾਏ ਹਰਿ ਰਸਕਿ ਰਸਾਏ ਹਰਿ ਅੰਮ੍ਰਿਤੁ ਹਰਿ ਮੁਖਿ ਚੋਇ ਜੀਉ॥	(ਰਸਕਿ) ਰਸ ਨਾਲ	Gur Manthra Dhrirraaeae Har Rasak Rasaaeae Har Anmrith Har Mukh Choe Jeeo ||	The Guru implants His Mantra within the heart, and one savors the sublime essence of the Lord; the Ambrosial Nectar of the Lord trickles into his mouth.	ਗੁਰੂ ਜਿਸ ਮਨੁੱਖ ਦੇ ਹਿਰਦੇ ਵਿਚ ਨਾਮ-ਮੰਤਰ ਪੱਕਾ ਕਰਦਾ ਹੈ ਜਿਸ ਮਨੁੱਖ ਦੇ ਮੂੰਹ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਚੋਂਦਾ ਹੈ ਉਹ ਮਨੁੱਖ ਹਰਿ-ਨਾਮ-ਰਸ ਨੂੰ ਸੁਆਦ ਨਾਲ (ਆਪਣੇ ਅੰਦਰ) ਰਚਾਂਦਾ ਹੈ।
20349	447	ਹਰਿ ਅੰਮ੍ਰਿਤ ਰਸੁ ਪਾਇਆ ਮੁਆ ਜੀਵਾਇਆ ਫਿਰਿ ਬਾਹੁੜਿ ਮਰਣੁ ਨ ਹੋਈ॥		Har Anmrith Ras Paaeiaa Muaa Jeevaaeiaa Fir Baahurr Maran N Hoee ||	Obtaining the Ambrosial Essence of the Lord, the dead are restored to life, and do not die again.	ਜਦੋਂ ਉਹ ਮਨੁੱਖ ਗੁਰੂ ਪਾਸੋਂ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਹਾਸਲ ਕਰਦਾ ਹੈ (ਪਹਿਲਾਂ ਆਤਮਕ ਮੌਤੇ) ਮੋਇਆ ਹੋਇਆ ਉਹ ਮਨੁੱਖ ਆਤਮਕ ਜੀਵਨ ਪ੍ਰਾਪਤ ਕਰ ਲੈਂਦਾ ਹੈ, ਮੁੜ ਉਸ ਨੂੰ ਇਹ ਮੌਤ ਨਹੀਂ ਵਿਆਪਦੀ।
20350	447	ਹਰਿ ਹਰਿ ਨਾਮੁ ਅਮਰਪਦੁ ਪਾਇਆ ਹਰਿ ਨਾਮਿ ਸਮਾਵੈ ਸੋਈ॥		Har Har Naam Amar Padh Paaeiaa Har Naam Samaavai Soee ||	Through the Name of the Lord, Har, Har, one obtains the immortal status, and merges into the Lord's Name.	ਜੇਹੜਾ ਮਨੁੱਖ ਗੁਰੂ ਪਾਸੋਂ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲੈਂਦਾ ਹੈ ਉਹ ਮਨੁੱਖ ਉਹ ਦਰਜਾ ਹਾਸਲ ਕਰ ਲੈਂਦਾ ਹੈ ਜਿਥੇ ਆਤਮਕ ਮੌਤ ਪੋਹ ਨਹੀਂ ਸਕਦੀ, ਉਹ ਮਨੁੱਖ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ।

20351	447	ਜਨ ਨਾਨਕ ਨਾਮੁ ਅਧਾਰੁ ਟੇਕ ਹੈ ਬਿਨੁ ਨਾਵੈ ਅਵਰੁ ਨ ਕੋਇ ਜੀਉ॥		Jan Naanak Naam Adhhaar Ttaek Hai Bin Naavai Avar N Koe Jeeo ||	The Naam, the Name of the Lord, is the only Support and Anchor of servant Nanak; without the Naam, there is nothing else at all.	ਹੇ ਦਾਸ ਨਾਨਕ! ਪਰਮਾਤਮਾ ਦਾ ਨਾਮ (ਉਸ ਮਨੁੱਖ ਦੀ ਜ਼ਿੰਦਗੀ ਦਾ) ਆਸਰਾ ਸਹਾਰਾ ਬਣ ਜਾਂਦਾ ਹੈ, ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਹੋਰ ਪਦਾਰਥ ਉਸ ਦੇ ਆਤਮਕ ਜੀਵਨ ਦਾ ਸਹਾਰਾ ਨਹੀਂ ਬਣ ਸਕਦਾ।
20352	447	ਜਗੁ ਉਪਜੈ ਬਿਨਸੈ ਬਿਨਸਿ ਬਿਨਾਸੈ ਲਗਿ ਗੁਰਮੁਖਿ ਅਸਥਿਰੁ ਹੋਇ ਜੀਉ॥੪॥੬॥੧੩॥		Jag Oupajai Binasai Binas Binaasai Lag Guramukh Asathhir Hoe Jeeo ||4||6||13||	The people of the world are born, only to perish, and perish, and perish again. Only by attaching oneself to the Lord as Gurmukh, does one become permanent. ||4||6||13||	(ਮਾਇਆ-ਗ੍ਰਸਿਆ) ਜਗਤ (ਮੁੜ ਮੁੜ) ਜੰਮਦਾ ਹੈ ਮਰਦਾ ਹੈ ਆਤਮਕ ਮੌਤੇ ਮਰਦਾ ਰਹਿੰਦਾ ਹੈ, ਗੁਰੂ ਦੀ ਰਾਹੀਂ (ਪ੍ਰਭੂ-ਚਰਨਾਂ ਵਿਚ) ਲੱਗ ਕੇ (ਮਾਇਆ ਦੇ ਮੋਹ ਵਲੋਂ) ਅਡੋਲ-ਚਿੱਤ ਹੋ ਜਾਂਦਾ ਹੈ ॥੪॥੬॥੧੩॥
20353	448	ਆਸਾ ਮਹਲਾ ੪ ਛੰਤ॥		Aasaa Mehalaa 4 Shhanth ||	Aasaa, Fourth Mehl, Chhant:	

20354	448	ਵਡਾ ਮੇਰਾ ਗੋਵਿੰਦੁ ਅਗਮ ਅਗੋਚਰੁ ਆਦਿ ਨਿਰੰਜਨੁ ਨਿਰੰਕਾਰੁ ਜੀਉ॥	(ਅ-ਗਮ) ਸੋਗ ਰਹਿਤ।ਅਗਮ:ਪੋਲਾ ਬੋਲੋ	Vaddaa Maeraa Govindh Agam Agochar Aadh Niranjan Nirankaar Jeeo ||	My Lord of the Universe is great, unapproachable, unfathomable, primal, immaculate and formless.	ਮੇਰਾ ਗੋਵਿੰਦ (ਸਭ ਤੋਂ) ਵੱਡਾ ਹੈ (ਕਿਸੇ ਸਿਆਣਪ ਨਾਲ ਉਸ ਤਕ ਮਨੁੱਖ ਦੀ) ਪਹੁੰਚ ਨਹੀਂ ਹੋ ਸਕਦੀ, ਉਹ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, (ਸਾਰੇ ਜਗਤ ਦਾ) ਮੂਲ ਹੈ, ਉਸ ਨੂੰ ਮਾਇਆ ਦੀ ਕਾਲਖ ਨਹੀਂ ਲੱਗ ਸਕਦੀ, ਉਸ ਦੀ ਕੋਈ ਖ਼ਾਸ ਸ਼ਕਲ ਨਹੀਂ ਦੱਸੀ ਜਾ ਸਕਦੀ।
20355	448	ਤਾ ਕੀ ਗਤਿ ਕਹੀ ਨ ਜਾਈ ਅਮਿਤਿ ਵਡਿਆਈ ਮੇਰਾ ਗੋਵਿੰਦੁ ਅਲਖ ਅਪਾਰ ਜੀਉ॥	(ਅ-ਮਿਤਿ) ਮਿਣਤੀ ਰਹਿਤ। ਅ-ਲਖ	Thaa Kee Gath Kehee N Jaaee Amith Vaddiaaee Maeraa Govindh Alakh Apaar Jeeo ||	His condition cannot be described; His Glorious Greatness is immeasurable. My Lord of the Universe is invisible and infinite.	ਇਹ ਨਹੀਂ ਦੱਸਿਆ ਜਾ ਸਕਦਾ ਕਿ ਪਰਮਾਤਮਾ ਕਿਹੋ ਜਿਹਾ ਹੈ, ਉਸ ਦਾ ਵਡੱਪਣ ਭੀ ਮਿਣਿਆ ਨਹੀਂ ਜਾ ਸਕਦਾ, ਮੇਰਾ ਉਹ ਗੋਵਿੰਦ ਬਿਆਨ ਤੋਂ ਬਾਹਰ ਹੈ ਬੇਅੰਤ ਹੈ।
20356	448	ਗੋਵਿੰਦੁ ਅਲਖ ਅਪਾਰੁ ਅਪਰੰਪਰੁ ਆਪੁ ਆਪਣਾ ਜਾਣੈ॥	(ਅਪ-ਰੰਪਰੁ) ਬੇਅੰਤ	Govindh Alakh Apaar Aparanpar Aap Aapanaa Jaanai ||	The Lord of the Universe is invisible, infinite and unlimited. He Himself knows Himself.	ਮੇਰਾ ਉਹ ਗੋਵਿੰਦ ਬਿਆਨ ਤੋਂ ਬਾਹਰ ਹੈ ਬੇਅੰਤ ਹੈ, ਪਰੇ ਤੋਂ ਪਰੇ ਹੈ, ਆਪਣੇ ਆਪ ਨੂੰ ਉਹ ਹੀ ਜਾਣਦਾ ਹੈ।

20357	448	ਕਿਆ ਇਹ ਜੰਤ ਵਿਚਾਰੇ ਕਹੀਅਹਿ ਜੋ ਤੁਧੁ ਆਖਿ ਵਖਾਣੈ॥	ਕਹੀ-ਅਹਿ	Kiaa Eih Janth Vichaarae Keheeahi Jo Thudhh Aakh Vakhaanai ||	What should these poor creatures say? How can they speak of and describe You?	ਇਹਨਾਂ ਜੀਵਾਂ ਵਿਚਾਰਿਆਂ ਦੀ ਕੀਹ ਪਾਂਇਆਂ ਹੈ (ਕਿ ਉਸ ਦਾ ਸਰੂਪ ਦੱਸ ਸੱਕਣ)? (ਹੇ ਪ੍ਰਭੂ! ਕੋਈ ਭੀ ਐਸਾ ਜੀਵ ਨਹੀਂ ਹੈ) ਜੋ ਤੇਰੀ ਹਸਤੀ ਨੂੰ ਬਿਆਨ ਕਰ ਕੇ ਸਮਝਾ ਸਕੇ।
20358	448	ਜਿਸ ਨੋ ਨਦਰਿ ਕਰਹਿ ਤੂੰ ਅਪਣੀ ਸੋ ਗੁਰਮੁਖਿ ਕਰੇ ਵੀਚਾਰੁ ਜੀਉ॥		Jis No Nadhar Karehi Thoon Apanee So Guramukh Karae Veechaar Jeeo ||	That Gurmukh who is blessed by Your Glance of Grace contemplates You.	ਹੇ ਪ੍ਰਭੂ! ਜਿਸ ਮਨੁੱਖ ਉਤੇ ਤੂੰ ਆਪਣੀ ਮੇਹਰ ਦੀ ਨਿਗਾਹ ਕਰਦਾ ਹੈਂ, ਉਹ ਗੁਰੂ ਦੀ ਸਰਨ ਪੈ ਕੇ (ਤੇਰੇ ਗੁਣਾਂ ਦੀ) ਵਿਚਾਰ ਕਰਦਾ ਹੈ।
20359	448	ਵਡਾ ਮੇਰਾ ਗੋਵਿੰਦੁ ਅਗਮ ਅਗੋਚਰੁ ਆਦਿ ਨਿਰੰਜਨੁ ਨਿਰੰਕਾਰੁ ਜੀਉ॥੧॥		Vaddaa Maeraa Govindh Agam Agochar Aadh Niranjan Nirankaar Jeeo ||1||	My Lord of the Universe is great, unapproachable, unfathomable, primal, immaculate and formless. ||1||	ਮੇਰਾ ਗੋਵਿੰਦ (ਸਭ ਤੋਂ) ਵੱਡਾ ਹੈ, (ਕਿਸੇ ਸਿਆਣਪ ਨਾਲ ਉਸ ਤਕ ਮਨੁੱਖ ਦੀ) ਪਹੁੰਚ ਨਹੀਂ ਹੋ ਸਕਦੀ, ਉਹ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, (ਸਾਰੇ ਜਗਤ ਦਾ) ਮੂਲ ਹੈ ਉਸ ਨੂੰ ਮਾਇਆ ਦੀ ਕਾਲਖ ਨਹੀਂ ਲੱਗ ਸਕਦੀ ਉਸ ਦੀ ਕੋਈ ਖ਼ਾਸ ਸ਼ਕਲ ਨਹੀਂ ਦੱਸੀ ਜਾ ਸਕਦੀ ॥੧॥
20360	448	ਤੂੰ ਆਦਿ ਪੁਰਖੁ ਅਪਰੰਪਰੁ ਕਰਤਾ ਤੇਰਾ ਪਾਰੁ ਨ ਪਾਇਆ ਜਾਇ ਜੀਉ॥		Thoon Aadh Purakh Aparanpar Karathaa Thaeraa Paar N Paaeiaa Jaae Jeeo ||	You, O Lord, O Primal Being, are the Limitless Creator; Your limits cannot be found.	ਹੇ ਪ੍ਰਭੂ! ਤੂੰ ਸਾਰੇ ਜਗਤ ਦਾ ਮੂਲ ਹੈਂ ਤੇ ਸਰਬ-ਵਿਆਪਕ ਹੈਂ, ਤੂੰ ਪਰੇ ਤੋਂ ਪਰੇ ਹੈਂ ਤੇ ਸਾਰੀ ਰਚਨਾ ਦਾ ਰਚਨਹਾਰ ਹੈਂ। ਤੇਰੀ ਹਸਤੀ ਦਾ ਪਾਰਲਾ ਬੰਨਾ (ਕਿਸੇ ਨੂੰ) ਲੱਭ ਨਹੀਂ ਸਕਦਾ।

20361	448	ਤੂੰ ਘਟ ਘਟ ਅੰਤਰਿ ਸਰਬ ਨਿਰੰਤਰਿ ਸਭ ਮਹਿ ਰਹਿਆ ਸਮਾਇ ਜੀਉ॥		Thoon Ghatt Ghatt Anthar Sarab Niranthar Sabh Mehi Rehiaa Samaae Jeeo ||	You are pervading and permeating each and every heart, everywhere, You are contained in all.	ਤੂੰ ਹਰੇਕ ਸਰੀਰ ਵਿਚ ਮੌਜੂਦ ਹੈਂ, ਤੂੰ ਇਕ-ਰਸ ਸਭਨਾਂ ਵਿਚ ਸਮਾ ਰਿਹਾ ਹੈਂ।
20362	448	ਘਟ ਅੰਤਰਿ ਪਾਰਬ੍ਰਹਮੁ ਪਰਮੇਸਰੁ ਤਾ ਕਾ ਅੰਤੁ ਨ ਪਾਇਆ॥		Ghatt Anthar Paarabreham Paramaesar Thaa Kaa Anth N Paaeiaa ||	Within the heart is the Transcendent, Supreme Lord God, whose limits cannot be found.	ਪਾਰਬ੍ਰਹਮ ਪਰਮੇਸਰ ਹਰੇਕ ਸਰੀਰ ਦੇ ਅੰਦਰ ਮੌਜੂਦ ਹੈ ਉਸ ਦੇ ਗੁਣਾਂ ਦਾ ਅੰਤ (ਕੋਈ ਜੀਵ) ਨਹੀਂ ਪਾ ਸਕਦਾ।
20363	448	ਤਿਸੁ ਰੂਪੁ ਨ ਰੇਖ ਅਦਿਸਟੁ ਅਗੋਚਰੁ ਗੁਰਮੁਖਿ ਅਲਖੁ ਲਖਾਇਆ॥	ਅ-ਲਖੁ:ਪੋਲਾ	This Roop N Raekh Adhisatt Agochar Guramukh Alakh Lakhaaeiaa ||	He has no form or shape; He is unseen and unknown. The Gurmukh sees the unseen Lord.	ਉਸ ਪ੍ਰਭੂ ਦਾ ਕੋਈ ਖ਼ਾਸ ਰੂਪ ਕੋਈ ਖ਼ਾਸ ਚਿਹਨ ਚੱਕਰ ਦੱਸਿਆ ਨਹੀਂ ਜਾ ਸਕਦਾ। ਉਹ ਪ੍ਰਭੂ (ਇਹਨਾਂ ਅੱਖਾਂ ਨਾਲ) ਦਿੱਸਦਾ ਨਹੀਂ ਉਹ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਗੁਰੂ ਦੀ ਰਾਹੀਂ ਹੀ ਇਹ ਸਮਝ ਪੈਂਦੀ ਹੈ ਕਿ ਉਸ ਪਰਮਾਤਮਾ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ।

20364	448	ਸਦਾ ਅਨੰਦਿ ਰਹੈ ਦਿਨੁ ਰਾਤੀ ਸਹਜੇ ਨਾਮਿ ਸਮਾਇ ਜੀਉ॥		Sadhaa Anandh Rehai Dhin Raathee Sehajae Naam Samaae Jeeo ||	He remains in continual ecstasy, day and night, and is spontaneously absorbed into the Naam.	(ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ) ਦਿਨ ਰਾਤ ਹਰ ਵੇਲੇ ਆਤਮਕ ਆਨੰਦ ਵਿਚ ਮਗਨ ਰਹਿੰਦਾ ਹੈ, ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ।
20365	448	ਤੂੰ ਆਦਿ ਪੁਰਖੁ ਅਪਰੰਪਰੁ ਕਰਤਾ ਤੇਰਾ ਪਾਰੁ ਨ ਪਾਇਆ ਜਾਇ ਜੀਉ॥੨॥		Thoon Aadh Purakh Aparanpar Karathaa Thaeraa Paar N Paaeiaa Jaae Jeeo ||2||	You, O Lord, O Primal Being, are the Limitless Creator; Your limits cannot be found. ||2||	ਹੇ ਪ੍ਰਭੂ! ਤੂੰ ਸਾਰੇ ਜਗਤ ਦਾ ਮੂਲ ਹੈਂ ਤੇ ਸਰਬ-ਵਿਆਪਕ ਹੈਂ, ਤੂੰ ਪਰੇ ਤੋਂ ਪਰੇ ਹੈਂ ਤੇ ਸਾਰੀ ਰਚਨਾ ਦਾ ਰਚਨਹਾਰ ਹੈਂ। ਤੇਰੀ ਹਸਤੀ ਦਾ ਪਾਰਲਾ ਬੰਨਾ (ਕਿਸੇ ਨੂੰ) ਲੱਭ ਨਹੀਂ ਸਕਦਾ ॥੨॥
20366	448	ਤੂੰ ਸਤਿ ਪਰਮੇਸਰੁ ਸਦਾ ਅਬਿਨਾਸੀ ਹਰਿ ਹਰਿ ਗੁਣੀ ਨਿਧਾਨੁ ਜੀਉ॥		Thoon Sath Paramaesar Sadhaa Abinaasee Har Har Gunee Nidhhaan Jeeo ||	You are the True, Transcendent Lord, forever imperishable. The Lord, Har, Har, is the treasure of virtue.	ਹੇ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਹੈਂ ਤੂੰ ਸਭ ਤੋਂ ਵੱਡਾ ਹੈਂ, ਤੂੰ ਕਦੇ ਭੀ ਨਾਸ ਹੋਣ ਵਾਲਾ ਨਹੀਂ ਹੈਂ, ਤੂੰ ਸਾਰੇ ਗੁਣਾਂ ਦਾ ਖ਼ਜ਼ਾਨਾ ਹੈਂ।
20367	448	ਹਰਿ ਹਰਿ ਪ੍ਰਭੁ ਏਕੋ ਅਵਰੁ ਨ ਕੋਈ ਤੂੰ ਆਪੇ ਪੁਰਖੁ ਸੁਜਾਨੁ ਜੀਉ॥	(ਸੁਜਾਨੁ) ਸਿਆਣਾ	Har Har Prabh Eaeko Avar N Koee Thoon Aapae Purakh Sujaan Jeeo ||	The Lord God, Har, Har, is the One and only; there is no other at all. You Yourself are the all-knowing Lord.	ਹੇ ਹਰੀ! ਤੂੰ ਹੀ ਇਕੋ ਇਕ ਮਾਲਕ ਹੈਂ, ਤੇਰੇ ਬਰਾਬਰ ਦਾ ਹੋਰ ਕੋਈ ਨਹੀਂ ਹੈ ਤੂੰ ਆਪ ਹੀ ਸਭ ਦੇ ਅੰਦਰ ਮੌਜੂਦ ਹੈਂ, ਤੂੰ ਆਪ ਹੀ ਸਭ ਦੇ ਦਿਲ ਦੀ ਜਾਣਨ ਵਾਲਾ ਹੈਂ।

20368	448	ਪੁਰਖੁ ਸੁਜਾਨੁ ਤੂੰ ਪਰਧਾਨੁ ਤੁਧੁ ਜੇਵਡੁ ਅਵਰੁ ਨ ਕੋਈ॥		Purakh Sujaan Thoon Paradhhaan Thudhh Jaevadd Avar N Koee ||	You are the all-knowing Lord, the most exalted and auspicious; there is no other as great as You.	ਹੇ ਹਰੀ! ਤੂੰ ਸਭ ਵਿਚ ਵਿਆਪਕ ਹੈਂ, ਤੂੰ ਘਟ ਘਟ ਦੀ ਜਾਣਨ ਵਾਲਾ ਹੈਂ, ਤੂੰ ਸਭ ਤੋਂ ਸ਼ਿਰੋਮਣੀ ਹੈਂ, ਤੇਰੇ ਜੇਡਾ ਹੋਰ ਕੋਈ ਨਹੀਂ ਹੈ।
20369	448	ਤੇਰਾ ਸਬਦੁ ਸਭੁ ਤੂੰਹੈ ਵਰਤਹਿ ਤੂੰ ਆਪੇ ਕਰਹਿ ਸੁ ਹੋਈ॥		Thaeraa Sabadh Sabh Thoonhai Varathehi Thoon Aapae Karehi S Hoee ||	The Word of Your Shabad is pervading in all; whatever You do, comes to pass.	ਹਰ ਥਾਂ ਤੇਰਾ ਹੀ ਹੁਕਮ ਚੱਲ ਰਿਹਾ ਹੈ, ਹਰ ਥਾਂ ਤੂੰ ਹੀ ਤੂੰ ਮੌਜੂਦ ਹੈਂ, ਜਗਤ ਵਿਚ ਉਹੀ ਹੁੰਦਾ ਹੈ ਜੋ ਤੂੰ ਆਪ ਹੀ ਕਰਦਾ ਹੈਂ।
20370	448	ਹਰਿ ਸਭ ਮਹਿ ਰਵਿਆ ਏਕੋ ਸੋਈ ਗੁਰਮੁਖਿ ਲਖਿਆ ਹਰਿ ਨਾਮੁ ਜੀਉ॥		Har Sabh Mehi Raviaa Eaeko Soee Guramukh Lakhiaa Har Naam Jeeo ||	The One Lord God is permeating all; the Gurmukh comes to understand the Lord's Name.	ਸਾਰੀ ਸ੍ਰਿਸ਼ਟੀ ਵਿਚ ਇਕ ਉਹ ਪਰਮਾਤਮਾ ਹੀ ਰਮ ਰਿਹਾ ਹੈ, ਗੁਰੂ ਦੀ ਸਰਨ ਪਿਆਂ ਉਸ ਪਰਮਾਤਮਾ ਦੇ ਨਾਮ ਦੀ ਸੂਝ ਪੈਂਦੀ ਹੈ।
20371	448	ਤੂੰ ਸਤਿ ਪਰਮੇਸਰੁ ਸਦਾ ਅਬਿਨਾਸੀ ਹਰਿ ਹਰਿ ਗੁਣੀ ਨਿਧਾਨੁ ਜੀਉ॥੩॥		Thoon Sath Paramaesar Sadhaa Abinaasee Har Har Gunee Nidhhaan Jeeo ||3||	You are the True, Transcendent Lord, forever imperishable. The Lord, Har, Har, is the treasure of virtue. ||3||	ਹੇ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ ਸਭ ਤੋਂ ਵੱਡਾ ਹਾਕਮ ਹੈਂ, ਤੂੰ ਕਦੇ ਭੀ ਨਾਸ ਹੋਣ ਵਾਲਾ ਨਹੀਂ ਹੈਂ, ਤੂੰ ਸਾਰੇ ਗੁਣਾਂ ਦਾ ਖ਼ਜ਼ਾਨਾ ਹੈਂ ॥੩॥

20372	448	ਸਭੁ ਤੂੰਹੈ ਕਰਤਾ ਸਭ ਤੇਰੀ ਵਡਿਆਈ ਜਿਉ ਭਾਵੈ ਤਿਵੈ ਚਲਾਇ ਜੀਉ॥		Sabh Thoonhai Karathaa Sabh Thaeree Vaddiaaee Jio Bhaavai Thivai Chalaae Jeeo ||	You are the Creator of all, and all greatness is Yours. As it pleases Your Will, so do we act.	ਹੇ ਕਰਤਾਰ! ਹਰ ਥਾਂ ਤੂੰ ਹੀ ਤੂੰ ਹੈਂ, ਸਾਰੀ ਸ੍ਰਿਸ਼ਟੀ ਤੇਰੇ ਹੀ ਤੇਜ-ਪ੍ਰਤਾਪ ਦਾ ਪ੍ਰਕਾਸ਼ ਹੈ। ਹੇ ਕਰਤਾਰ! ਜਿਵੇਂ ਤੈਨੂੰ ਚੰਗਾ ਲੱਗੇ, ਤਿਵੇਂ, (ਆਪਣੀ ਇਸ ਰਚਨਾ ਨੂੰ ਆਪਣੇ ਹੁਕਮ ਵਿਚ) ਤੋਰ।
20373	448	ਤੁਧੁ ਆਪੇ ਭਾਵੈ ਤਿਵੈ ਚਲਾਵਹਿ ਸਭ ਤੇਰੈ ਸਬਦਿ ਸਮਾਇ ਜੀਉ॥		Thudhh Aapae Bhaavai Thivai Chalaavehi Sabh Thaerai Sabadh Samaae Jeeo ||	As it pleases Your Will, so do we act. All are merged into Your Shabad.	ਹੇ ਕਰਤਾਰ! ਜਿਵੇਂ ਤੈਨੂੰ ਆਪ ਨੂੰ ਚੰਗਾ ਲੱਗਦਾ ਹੈ ਤਿਵੇਂ ਤੂੰ ਸ੍ਰਿਸ਼ਟੀ ਨੂੰ ਕਾਰੇ ਲਾ ਰਿਹਾ ਹੈਂ, ਸਾਰੀ ਲੁਕਾਈ ਤੇਰੇ ਹੀ ਹੁਕਮ ਦੇ ਅਨੁਸਾਰ ਹੋ ਕੇ ਤੁਰਦੀ ਹੈ।
20374	448	ਸਭ ਸਬਦਿ ਸਮਾਵੈ ਜਾਂ ਤੁਧੁ ਭਾਵੈ ਤੇਰੈ ਸਬਦਿ ਵਡਿਆਈ॥		Sabh Sabadh Samaavai Jaan Thudhh Bhaavai Thaerai Sabadh Vaddiaaee ||	When it pleases Your Will, we obtain greatness through Your Shabad.	ਸਾਰੀ ਲੁਕਾਈ ਤੇਰੇ ਹੁਕਮ ਵਿਚ ਹੀ ਟਿਕੀ ਰਹਿੰਦੀ ਹੈ, ਜਦੋਂ ਤੈਨੂੰ ਚੰਗਾ ਲੱਗਦਾ ਹੈ, ਤਾਂ ਤੇਰੇ ਹੁਕਮ ਅਨੁਸਾਰ ਹੀ (ਜੀਵਾਂ ਨੂੰ) ਆਦਰ-ਮਾਣ ਮਿਲਦਾ ਹੈ।
20375	448	ਗੁਰਮੁਖਿ ਬੁਧਿ ਪਾਈਐ ਆਪੁ ਗਵਾਈਐ ਸਬਦੇ ਰਹਿਆ ਸਮਾਈ॥		Guramukh Budhh Paaeeai Aap Gavaaeeai Sabadhae Rehiaa Samaaee ||	The Gurmukh obtains wisdom, and eliminates his self-conceit, and remains absorbed in the Shabad.	ਜੇ ਗੁਰੂ ਦੀ ਸਰਨ ਪੈ ਕੇ ਚੰਗੀ ਅਕਲ ਹਾਸਲ ਕਰ ਲਈਏ, ਜੇ (ਆਪਣੇ ਅੰਦਰੋਂ) ਹਉਮੈ-ਅਹੰਕਾਰ ਦੂਰ ਕਰ ਲਈਏ, ਤਾਂ ਗੁਰ-ਸ਼ਬਦ ਦੀ ਬਰਕਤਿ ਨਾਲ ਉਹ ਕਰਤਾਰ ਹਰ ਥਾਂ ਵਿਆਪਕ ਦਿੱਸਦਾ ਹੈ।

20376	448	ਤੇਰਾ ਸਬਦੁ ਅਗੋਚਰੁ ਗੁਰਮੁਖਿ ਪਾਈਐ ਨਾਨਕ ਨਾਮਿ ਸਮਾਇ ਜੀਉ॥		Thaeraa Sabadh Agochar Guramukh Paaeeai Naanak Naam Samaae Jeeo ||	The Gurmukh obtains Your incomprehensible Shabad; O Nanak, he remains merged in the Naam.	ਹੇ ਨਾਨਕ! (ਆਖ-ਹੇ ਕਰਤਾਰ!) ਤੇਰਾ ਹੁਕਮ ਜੀਵਾਂ ਦੇ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ (ਤੇਰੇ ਹੁਕਮ ਦੀ ਸਮਝ) ਗੁਰੂ ਦੀ ਸਰਨ ਪਿਆਂ ਪ੍ਰਾਪਤ ਹੁੰਦੀ ਹੈ, (ਜਿਸ ਮਨੁੱਖ ਨੂੰ ਪ੍ਰਾਪਤ ਹੁੰਦੀ ਹੈ ਉਹ ਤੇਰੇ) ਨਾਮ ਵਿਚ ਲੀਨ ਹੋ ਜਾਂਦਾ ਹੈ।
20377	448	ਸਭੁ ਤੂੰਹੈ ਕਰਤਾ ਸਭ ਤੇਰੀ ਵਡਿਆਈ ਜਿਉ ਭਾਵੈ ਤਿਵੈ ਚਲਾਇ ਜੀਉ॥੪॥੭॥੧੪॥		Sabh Thoonhai Karathaa Sabh Thaeree Vaddiaaee Jio Bhaavai Thivai Chalaae Jeeo ||4||7||14||	You are the Creator of all, and all greatness is Yours. As it pleases Your Will, so do we act. ||4||7||14||	ਹੇ ਕਰਤਾਰ! ਹਰ ਥਾਂ ਤੂੰ ਹੀ ਤੂੰ ਹੈਂ, ਸਾਰੀ ਸ੍ਰਿਸ਼ਟੀ ਤੇਰੇ ਹੀ ਤੇਜ-ਪ੍ਰਤਾਪ ਦਾ ਪ੍ਰਕਾਸ਼ ਹੈ। ਹੇ ਕਰਤਾਰ! ਜਿਵੇਂ ਤੈਨੂੰ ਚੰਗਾ ਲੱਗੇ ਤਿਵੇਂ (ਆਪਣੀ ਇਸ ਸ੍ਰਿਸ਼ਟੀ ਨੂੰ ਆਪਣੇ ਹੁਕਮ ਵਿਚ) ਤੋਰ ॥੪॥੭॥੧੪॥
20378	448	ੴ ਸਤਿਗੁਰ ਪ੍ਰਸਾਦਿ॥	(ਭਿੰਨੇ) ਭਿੱਜੇ। (ਲੋਇਣਾ) ਅੱਖਾਂ। (ਰਤੰਨਾ) ਰੱਤਾ	Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
20379	448	ਆਸਾ ਮਹਲਾ ੪ ਛੰਤ ਘਰੁ ੪॥		Aasaa Mehalaa 4 Shhanth Ghar 4 ||	Aasaa, Fourth Mehl, Chhant, Fourth House:	ਰਾਗ ਆਸਾ, ਘਰ ੪ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਛੰਤ'।

20380	448	ਹਰਿ ਅੰਮ੍ਰਿਤ ਭਿੰਨੇ ਲੋਇਣਾ ਮਨੁ ਪ੍ਰੇਮਿ ਰਤੰਨਾ ਰਾਮ ਰਾਜੇ॥		Har Anmrith Bhinnae Loeinaa Man Praem Rathannaa Raam Raajae ||	My eyes are wet with the Nectar of the Lord, and my mind is imbued with His Love, O Lord King.	ਮੇਰੀਆਂ ਅੱਖਾਂ ਆਤਮਕ ਜੀਵਨ ਦੇਣ ਵਾਲੇ ਹਰਿ-ਨਾਮ-ਜਲ ਨਾਲ ਸਰੂਰ ਵਿਚ ਆ ਗਈਆਂ ਹਨ, ਮੇਰਾ ਮਨ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਗਿਆ ਹੈ।
20381	448	ਮਨੁ ਰਾਮਿ ਕਸਵਟੀ ਲਾਇਆ ਕੰਚਨੁ ਸੋਵਿੰਨਾ॥	(ਸੋ-ਵਿੰਨਾ) ਸੋਹਣੇ ਰੰਗ ਵਾਲਾ। ਕਸ-ਵੱਟੀ	Man Raam Kasavattee Laaeiaa Kanchan Sovinnaa ||	The Lord applied His touch-stone to my mind, and found it one hundred per cent gold.	ਪਰਮਾਤਮਾ ਨੇ ਮੇਰੇ ਮਨ ਨੂੰ (ਆਪਣੇ ਨਾਮ ਦੀ) ਕਸਵੱਟੀ ਉਤੇ ਘਸਾਇਆ ਹੈ, ਤੇ ਇਹ ਸੁੱਧ ਸੋਨਾ ਬਣ ਗਿਆ ਹੈ।
20382	448	ਗੁਰਮੁਖਿ ਰੰਗਿ ਚਲੂਲਿਆ ਮੇਰਾ ਮਨੁ ਤਨੋ ਭਿੰਨਾ॥	(ਚਲੂਲਿਆ) ਗੂੜ੍ਹਾ	Guramukh Rang Chalooliaa Maeraa Man Thano Bhinnaa ||	As Gurmukh, I am dyed in the deep red of the poppy, and my mind and body are drenched with His Love.	ਗੁਰੂ ਦੀ ਸਰਨ ਪਿਆਂ ਮੇਰਾ ਮਨ ਪ੍ਰਭੂ ਦੇ ਪ੍ਰੇਮ-ਰੰਗ ਵਿਚ ਗੂੜ੍ਹਾ ਲਾਲ ਹੋ ਗਿਆ ਹੈ, ਮੇਰਾ ਮਨ ਤਰੋ-ਤਰ ਹੋ ਗਿਆ ਹੈ, ਮੇਰਾ ਹਿਰਦਾ ਤਰੋ-ਤਰ ਹੋ ਗਿਆ ਹੈ।
20383	449	ਜਨੁ ਨਾਨਕੁ ਮੁਸਕਿ ਝਕੋਲਿਆ ਸਭੁ ਜਨਮੁ ਧਨੁ ਧੰਨਾ॥੧॥	(ਮੁਸਕਿ) ਸੁਗੰਧ ਚ। (ਝਕੋਲਿਆ: ਕੋ ਬੋਲੋ ਘ ਨ ਬੋਲੋ) ਮਿਲਿਆ	Jan Naanak Musak Jhakoliaa Sabh Janam Dhhan Dhhannaa ||1||	Servant Nanak is drenched with His Fragrance; blessed, blessed is his entire life. ||1||	(ਗੁਰੂ ਦੀ ਕਿਰਪਾ ਨਾਲ) ਦਾਸ ਨਾਨਕ (ਪ੍ਰਭੂ ਦੇ ਨਾਮ ਦੀ) ਕਸਤੂਰੀ ਨਾਲ ਚੰਗੀ ਤਰ੍ਹਾਂ ਸੁਗੰਧਿਤ ਹੋ ਗਿਆ ਹੈ, (ਦਾਸ ਨਾਨਕ ਦਾ) ਸਾਰਾ ਜੀਵਨ ਹੀ ਭਾਗਾਂ ਵਾਲਾ ਬਣ ਗਿਆ ਹੈ ॥੧॥

20384	449	ਹਰਿ ਪ੍ਰੇਮ ਬਾਣੀ ਮਨੁ ਮਾਰਿਆ ਅਣੀਆਲੇ ਅਣੀਆ ਰਾਮ ਰਾਜੇ॥	(ਅਣੀ-ਆਲੇ) ਤੀਰ। (ਅਣੀਆ)ਤਿੱਖੀ ਨੋਕ ਵਾਲੇ	Har Praem Baanee Man Maariaa Aneeaalae Aneeaa Raam Raajae ||	The Bani of the Lord's Love is the pointed arrow, which has pierced my mind, O Lord King.	ਪ੍ਰਭੂ-ਚਰਨਾਂ ਵਿਚ ਪ੍ਰੇਮ ਪੈਦਾ ਕਰਨ ਵਾਲੀ ਗੁਰਬਾਣੀ ਨੇ ਮੇਰਾ ਮਨ ਵਿੰਨ੍ਹ ਲਿਆ ਹੈ ਜਿਵੇਂ ਤ੍ਰਿੱਖੀ ਨੋਕ ਵਾਲੇ ਤੀਰ (ਕਿਸੇ ਚੀਜ਼ ਨੂੰ) ਵਿੰਨ੍ਹ ਲੈਂਦੇ ਹਨ।
20385	449	ਜਿਸੁ ਲਾਗੀ ਪੀਰ ਪਿਰੰਮ ਕੀ ਸੋ ਜਾਣੈ ਜਰੀਆ॥	(ਜਰੀਆ) ਜਰਨਾ	Jis Laagee Peer Piranm Kee So Jaanai Jareeaa ||	Only those who feel the pain of this love, know how to endure it.	ਜਿਸ ਮਨੁੱਖ ਦੇ ਅੰਦਰ ਪ੍ਰਭੂ ਪ੍ਰੇਮ ਦੀ ਪੀੜ ਉੱਠਦੀ ਹੈ ਉਹੀ ਜਾਣਦਾ ਹੈ ਕਿ ਉਸ ਨੂੰ ਕਿਵੇਂ ਸਹਾਰਿਆ ਜਾ ਸਕਦਾ ਹੈ।
20386	449	ਜੀਵਨ ਮੁਕਤਿ ਸੋ ਆਖੀਐ ਮਰਿ ਜੀਵੈ ਮਰੀਆ॥		Jeevan Mukath So Aakheeai Mar Jeevai Mareeaa ||	Those who die, and remain dead while yet alive, are said to be Jivan Mukta, liberated while yet alive.	ਜੇਹੜਾ ਮਨੁੱਖ ਮਾਇਆ ਦੇ ਮੋਹ ਵਲੋਂ ਅਛੋਹ ਹੋ ਕੇ ਆਤਮਕ ਜੀਵਨ ਜੀਊਂਦਾ ਹੈ ਉਹ ਦੁਨੀਆ ਦੀ ਕਿਰਤ ਕਾਰ ਕਰਦਾ ਹੋਇਆ ਹੀ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਰਹਿੰਦਾ ਹੈ।
20387	449	ਜਨ ਨਾਨਕ ਸਤਿਗੁਰੁ ਮੇਲਿ ਹਰਿ ਜਗੁ ਦੁਤਰੁ ਤਰੀਆ॥੨॥	(ਦੁੱਤ-ਰੁ) ਔਖਾ ਤਰਨ ਨੂੰ	Jan Naanak Sathigur Mael Har Jag Dhuthar Thareeaa ||2||	O Lord, unite servant Nanak with the True Guru, that he may cross over the terrifying world-ocean. ||2||	ਹੇ ਦਾਸ ਨਾਨਕ! (ਆਖ-) ਹੇ ਹਰੀ! ਮੈਨੂੰ ਗੁਰੂ ਮਿਲਾ, ਤਾ ਕਿ ਮੈਂ ਇਸ ਸੰਸਾਰ (-ਸਮੁੰਦਰ) ਤੋਂ ਪਾਰ ਲੰਘ ਸਕਾਂ ਜਿਸ ਨੂੰ ਤਰਨਾ ਔਖਾ ਹੈ ॥੨॥

20388	449	ਹਮ ਮੂਰਖ ਮੁਗਧ ਸਰਣਾਗਤੀ ਮਿਲੁ ਗੋਵਿੰਦ ਰੰਗਾ ਰਾਮ ਰਾਜੇ॥	ਸਰਣਾ-ਗਤੀ	Ham Moorakh Mugadhh Saranaagathee Mil Govindh Rangaa Raam Raajae ||	I am foolish and ignorant, but I have taken to His Sanctuary; may I merge in the Love of the Lord of the Universe, O Lord King.	ਹੇ ਬੇਅੰਤ ਕੌਤਕਾਂ ਦੇ ਮਾਲਕ ਗੋਵਿੰਦ! (ਸਾਨੂੰ) ਮਿਲ, ਅਸੀਂ ਮੂਰਖ ਬੇ-ਸਮਝ ਤੇਰੀ ਸਰਨ ਆਏ ਹਾਂ।
20389	449	ਗੁਰਿ ਪੂਰੈ ਹਰਿ ਪਾਇਆ ਹਰਿ ਭਗਤਿ ਇਕ ਮੰਗਾ॥		Gur Poorai Har Paaeiaa Har Bhagath Eik Mangaa ||	Through the Perfect Guru, I have obtained the Lord, and I beg for the one blessing of devotion to the Lord.	ਮੈਂ (ਗੁਰੂ ਪਾਸੋਂ) ਪਰਮਾਤਮਾ ਦੀ ਭਗਤੀ (ਦੀ ਦਾਤਿ) ਮੰਗਦਾ ਹਾਂ (ਕਿਉਂਕਿ) ਪੂਰੇ ਗੁਰੂ ਦੀ ਰਾਹੀਂ ਹੀ ਪਰਮਾਤਮਾ ਮਿਲ ਸਕਦਾ ਹੈ।
20390	449	ਮੇਰਾ ਮਨੁ ਤਨੁ ਸਬਦਿ ਵਿਗਾਸਿਆ ਜਪਿ ਅਨਤ ਤਰੰਗਾ॥		Maeraa Man Than Sabadh Vigaasiaa Jap Anath Tharangaa ||	My mind and body blossom forth through the Word of the Shabad; I meditate on the Lord of infinite waves.	ਗੁਰੂ ਦੇ ਸ਼ਬਦ ਦੀ ਰਾਹੀਂ ਬੇਅੰਤ ਲਹਰਾਂ ਵਾਲੇ (ਸਮੁੰਦਰ-ਪ੍ਰਭੂ) ਨੂੰ ਸਿਮਰ ਕੇ ਮੇਰਾ ਮਨ ਖਿੜ ਪਿਆ ਹੈ, ਮੇਰਾ ਹਿਰਦਾ ਪ੍ਰਫੁਲਤ ਹੋ ਗਿਆ ਹੈ।
20391	449	ਮਿਲਿ ਸੰਤ ਜਨਾ ਹਰਿ ਪਾਇਆ ਨਾਨਕ ਸਤਸੰਗਾ॥੩॥		Mil Santh Janaa Har Paaeiaa Naanak Sathasangaa ||3||	Meeting with the humble Saints, Nanak finds the Lord, in the Sat Sangat, the True Congregation. ||3||	ਹੇ ਨਾਨਕ! (ਆਖ-) ਸੰਤ ਜਨਾਂ ਨੂੰ ਮਿਲ ਕੇ ਸੰਤਾਂ ਦੀ ਸੰਗਤਿ ਵਿਚ ਮੈਂ ਪਰਮਾਤਮਾ ਨੂੰ ਲੱਭ ਲਿਆ ਹੈ ॥੩॥

20392	449	ਦੀਨ ਦਇਆਲ ਸੁਣਿ ਬੇਨਤੀ ਹਰਿ ਪ੍ਰਭ ਹਰਿ ਰਾਇਆ ਰਾਮ ਰਾਜੇ॥		Dheen Dhaeiaal Sun Baenathee Har Prabh Har Raaeiaa Raam Raajae ||	O Merciful to the meek, hear my prayer, O Lord God; You are my Master, O Lord King.	ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਹੇ ਹਰੀ! ਹੇ ਪ੍ਰਭੂ! ਹੇ ਪ੍ਰਭੂ ਪਾਤਿਸ਼ਾਹ! ਮੇਰੀ ਬੇਨਤੀ ਸੁਣ।
20393	449	ਹਉ ਮਾਗਉ ਸਰਣਿ ਹਰਿ ਨਾਮ ਕੀ ਹਰਿ ਹਰਿ ਮੁਖਿ ਪਾਇਆ॥		Ho Maago Saran Har Naam Kee Har Har Mukh Paaeiaa ||	I beg for the Sanctuary of the Lord's Name, Har, Har; please, place it in my mouth.	ਹੇ ਹਰੀ! ਮੈਂ ਤੇਰੇ ਨਾਮ ਦਾ ਆਸਰਾ ਮੰਗਦਾ ਹਾਂ। ਹੇ ਹਰੀ! (ਤੇਰੀ ਮੇਹਰ ਹੋਵੇ ਤਾਂ ਮੈਂ ਤੇਰਾ ਨਾਮ) ਆਪਣੇ ਮੂੰਹ ਵਿਚ ਪਾ ਸਕਦਾ ਹਾਂ (ਮੂੰਹ ਨਾਲ ਜਪ ਸਕਦਾ ਹਾਂ)।
20394	449	ਭਗਤਿ ਵਛਲੁ ਹਰਿ ਬਿਰਦੁ ਹੈ ਹਰਿ ਲਾਜ ਰਖਾਇਆ॥	(ਵਛਲੁ) ਪਿਆਰ ਕਰਨਾ। (ਬਿਰਦੁ) ਸੁਭਾਅ	Bhagath Vashhal Har Biradh Hai Har Laaj Rakhaaeiaa ||	It is the Lord's natural way to love His devotees; O Lord, please preserve my honor!	ਪਰਮਾਤਮਾ ਦਾ ਇਹ ਮੁੱਢ ਕਦੀਮਾਂ ਦਾ ਸੁਭਾਉ ਹੈ ਕਿ ਉਹ ਭਗਤੀ ਨਾਲ ਪਿਆਰ ਕਰਦਾ ਹੈ (ਜੇਹੜਾ ਉਸ ਦੀ ਸਰਨ ਪਏ, ਉਸ ਦੀ) ਇੱਜ਼ਤ ਰੱਖ ਲੈਂਦਾ ਹੈ।
20395	449	ਜਨੁ ਨਾਨਕੁ ਸਰਣਾਗਤੀ ਹਰਿ ਨਾਮਿ ਤਰਾਇਆ॥੪॥੮॥੧੫॥		Jan Naanak Saranaagathee Har Naam Tharaaeiaa ||4||8||15||	Servant Nanak has entered His Sanctuary, and has been saved by the Name of the Lord. ||4||8||15||	ਦਾਸ ਨਾਨਕ (ਭੀ) ਉਸ ਹਰੀ ਦੀ ਸਰਨ ਆ ਪਿਆ ਹੈ (ਸਰਨ ਆਏ ਮਨੁੱਖ ਨੂੰ) ਹਰੀ ਆਪਣੇ ਨਾਮ ਵਿਚ ਜੋੜ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੪॥੮॥੧੫॥
20396	449	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	

20397	449	ਗੁਰਮੁਖਿ ਢੂੰਢਿ ਢੂਢੇਦਿਆ ਹਰਿ ਸਜਣੁ ਲਧਾ ਰਾਮ ਰਾਜੇ॥	(ਲੱਧਾ) ਲੱਭਾ	Guramukh Dtoondt Dtoodtaedhiaa Har Sajan Ladhhaa Raam Raajae ||	As Gurmukh, I searched and searched, and found the Lord, my Friend, my Sovereign Lord King.	ਗੁਰੂ ਦੀ ਸਰਨ ਪੈ ਕੇ ਭਾਲ ਕਰਦਿਆਂ ਕਰਦਿਆਂ ਮੈਂ ਮਿੱਤਰ-ਪ੍ਰਭੂ ਨੂੰ (ਆਪਣੇ ਅੰਦਰ ਹੀ) ਲੱਭ ਲਿਆ ਹੈ।
20398	449	ਕੰਚਨ ਕਾਇਆ ਕੋਟ ਗੜ ਵਿਚਿ ਹਰਿ ਹਰਿ ਸਿਧਾ॥	ਗੜ੍ਹ: ਸਿੱਧਾ	Kanchan Kaaeiaa Kott Garr Vich Har Har Sidhhaa ||	Within the walled fortress of my golden body, the Lord, Har, Har, is revealed.	ਮੇਰਾ ਇਹ ਸਰੀਰ ਕਿਲ੍ਹਾ (ਮਾਨੋ) ਸੋਨੇ ਦਾ ਬਣ ਗਿਆ ਹੈ (ਕਿਉਂਕਿ ਗੁਰੂ ਦੀ ਕਿਰਪਾ ਨਾਲ) ਇਸ ਵਿਚ ਪਰਮਾਤਮਾ ਪਰਗਟ ਹੋ ਗਿਆ ਹੈ।
20399	449	ਹਰਿ ਹਰਿ ਹੀਰਾ ਰਤਨੁ ਹੈ ਮੇਰਾ ਮਨੁ ਤਨੁ ਵਿਧਾ॥	ਵਿੱਧਾ	Har Har Heeraa Rathan Hai Maeraa Man Than Vidhhaa ||	The Lord, Har, Har, is a jewel, a diamond; my mind and body are pierced through.	(ਮੈਨੂੰ ਆਪਣੇ ਅੰਦਰ ਹੀ) ਪਰਮਾਤਮਾ ਦਾ ਨਾਮ-ਰਤਨ, ਪਰਮਾਤਮਾ ਦਾ ਨਾਮ-ਹੀਰਾ (ਮਿਲ ਪਿਆ) ਹੈ (ਜਿਸ ਨਾਲ ਮੇਰਾ ਕਠੋਰ) ਮਨ (ਮੇਰਾ ਕਠੋਰ) ਹਿਰਦਾ ਵਿੰਨ੍ਹਿਆ ਗਿਆ ਹੈ (ਨਰਮ ਹੋ ਗਿਆ ਹੈ)।
20400	449	ਧੁਰਿ ਭਾਗ ਵਡੇ ਹਰਿ ਪਾਇਆ ਨਾਨਕ ਰਸਿ ਗੁਧਾ॥੧॥	(ਗੁੱਧਾ) ਗੁੰਨ੍ਹਿਆ ਗਿਆ	Dhhur Bhaag Vaddae Har Paaeiaa Naanak Ras Gudhhaa ||1||	By the great good fortune of pre-ordained destiny, I have found the Lord. Nanak is permeated with His sublime essence. ||1||	ਹੇ ਨਾਨਕ! (ਆਖ-ਹੇ ਭਾਈ!) ਧੁਰ ਪ੍ਰਭੂ ਦੀ ਹਜ਼ੂਰੀ ਤੋਂ ਵੱਡੇ ਭਾਗਾਂ ਨਾਲ ਮੈਨੂੰ ਪਰਮਾਤਮਾ ਮਿਲ ਪਿਆ ਹੈ, ਮੇਰਾ ਆਪਾ ਉਸ ਦੇ ਪ੍ਰੇਮ-ਰਸ ਵਿਚ ਭਿੱਜ ਗਿਆ ਹੈ ॥੧॥

20401	449	ਪੰਥੁ ਦਸਾਵਾ ਨਿਤ ਖੜੀ ਮੁੰਧ ਜੋਬਨਿ ਬਾਲੀ ਰਾਮ ਰਾਜੇ॥	(ਪੰਥੁ) ਰਾਹ। (ਦਸਾਵਾ) ਪੁੱਛਦੀ। ਖੜ੍ਹੀ। ਬੱਾਲੀ	Panthh Dhasaavaa Nith Kharree Mundhh Joban Baalee Raam Raajae ||	I stand by the roadside, and ask the way; I am just a youthful bride of the Lord King.	ਹੇ ਸਤਿਗੁਰੂ! ਮੈਂ ਜੋਬਨ-ਮੱਤੀ ਅੰਞਾਣ ਜੀਵ-ਇਸਤ੍ਰੀ (ਤੇਰੇ ਦਰ ਤੇ) ਸਦਾ ਖਲੋਤੀ ਹੋਈ (ਤੈਥੋਂ ਪਤੀ-ਪ੍ਰਭੂ ਦੇ ਦੇਸ ਦਾ) ਰਾਹ ਪੁਛਦੀ ਹਾਂ।
20402	449	ਹਰਿ ਹਰਿ ਨਾਮੁ ਚੇਤਾਇ ਗੁਰ ਹਰਿ ਮਾਰਗਿ ਚਾਲੀ॥	(ਚੇਤਾਇ) ਚੇਤੇ ਕਰੇ। ਚੱਾਲੀ	Har Har Naam Chaethaae Gur Har Maarag Chaalee ||	The Guru has caused me to remember the Name of the Lord, Har, Har; I follow the Path to Him.	ਹੇ ਸਤਿਗੁਰੂ! ਮੈਨੂੰ ਪ੍ਰਭੂ-ਪਤੀ ਦਾ ਨਾਮ ਚੇਤੇ ਕਰਾਂਦਾ ਰਹੁ (ਮੇਹਰ ਕਰ) ਮੈਂ ਪਰਮਾਤਮਾ ਦੇ (ਦੇਸ ਪਹੁੰਚਣ ਵਾਲੇ) ਰਸਤੇ ਉਤੇ ਤੁਰਾਂ।
20403	449	ਮੇਰੈ ਮਨਿ ਤਨਿ ਨਾਮੁ ਆਧਾਰੁ ਹੈ ਹਉਮੈ ਬਿਖੁ ਜਾਲੀ॥	ਜੱਾਲੀ	Maerai Man Than Naam Aadhhaar Hai Houmai Bikh Jaalee ||	The Naam, the Name of the Lord, is the Support of my mind and body; I have burnt away the poison of ego.	ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਪ੍ਰਭੂ ਦਾ ਨਾਮ ਹੀ ਸਹਾਰਾ ਹੈ (ਜੇ ਤੇਰੀ ਕਿਰਪਾ ਹੋਵੇ ਤਾਂ ਇਸ ਨਾਮ ਦੀ ਬਰਕਤਿ ਨਾਲ ਆਪਣੇ ਅੰਦਰੋਂ) ਮੈਂ ਹਉਮੈ-ਜ਼ਹਰ ਨੂੰ ਸਾੜ ਦਿਆਂ।
20404	449	ਜਨ ਨਾਨਕ ਸਤਿਗੁਰੁ ਮੇਲਿ ਹਰਿ ਹਰਿ ਮਿਲਿਆ ਬਨਵਾਲੀ॥੨॥		Jan Naanak Sathigur Mael Har Har Miliaa Banavaalee ||2||	O True Guru, unite me with the Lord, unite me with the Lord, adorned with garlands of flowers. ||2||	ਹੇ ਦਾਸ ਨਾਨਕ! (ਆਖ-ਹੇ ਪ੍ਰਭੂ! ਮੈਨੂੰ) ਗੁਰੂ ਮਿਲਾ! ਜੇਹੜਾ ਭੀ ਕੋਈ ਪਰਮਾਤਮਾ ਨੂੰ ਮਿਲਿਆ ਹੈ ਗੁਰੂ ਦੀ ਰਾਹੀਂ ਹੀ ਮਿਲਿਆ ਹੈ ॥੨॥

20405	449	ਗੁਰਮੁਖਿ ਪਿਆਰੇ ਆਇ ਮਿਲੁ ਮੈ ਚਿਰੀ ਵਿਛੁੰਨੇ ਰਾਮ ਰਾਜੇ॥	(ਚਿਰੀ) ਚਿਰ ਦੇ। (ਵਿਛੁੰਨੇ) ਵਿੱਛੁੜੇ	Guramukh Piaarae Aae Mil Mai Chiree Vishhunnae Raam Raajae ||	O my Love, come and meet me as Gurmukh; I have been separated from You for so long, Lord King.	ਹੇ ਪਿਆਰੇ ਹਰੀ! ਮੈਨੂੰ ਚਿਰ ਦੇ ਵਿਛੁੜੇ ਹੋਏ ਨੂੰ ਗੁਰੂ ਦੀ ਰਾਹੀਂ ਆ ਮਿਲ।
20406	449	ਮੇਰਾ ਮਨੁ ਤਨੁ ਬਹੁਤੁ ਬੈਰਾਗਿਆ ਹਰਿ ਨੈਣ ਰਸਿ ਭਿੰਨੇ॥		Maeraa Man Than Bahuth Bairaagiaa Har Nain Ras Bhinnae ||	My mind and body are sad; my eyes are wet with the Lord's sublime essence.	ਹੇ ਹਰੀ! ਮੇਰਾ ਮਨ ਮੇਰਾ ਹਿਰਦਾ ਬਹੁਤ ਓਦਰਿਆ ਹੋਇਆ ਹੈ, ਮੇਰੀਆਂ ਅੱਖਾਂ (ਵਿਛੋੜੇ ਦੇ ਕਾਰਨ ਤੇਰੇ) ਪ੍ਰੇਮ-ਜਲ ਨਾਲ ਭਿੱਜੀਆਂ ਹੋਈਆਂ ਹਨ।
20407	449	ਮੈ ਹਰਿ ਪ੍ਰਭੁ ਪਿਆਰਾ ਦਸਿ ਗੁਰੁ ਮਿਲਿ ਹਰਿ ਮਨੁ ਮੰਨੇ॥	ਦੱਸਿ	Mai Har Prabh Piaaraa Dhas Gur Mil Har Man Mannae ||	Show me my Lord God, my Love, O Guru; meeting the Lord, my mind is pleased.	ਹੇ ਹਰੀ! ਮੈਨੂੰ ਪਿਆਰੇ ਗੁਰੂ ਦੀ ਦੱਸ ਪਾ, ਗੁਰੂ ਨੂੰ ਮਿਲ ਕੇ ਮੇਰਾ ਮਨ ਤੇਰੀ ਯਾਦ ਵਿਚ ਗਿੱਝ ਜਾਏ।
20408	449	ਹਉ ਮੂਰਖੁ ਕਾਰੈ ਲਾਈਆ ਨਾਨਕ ਹਰਿ ਕੰਮੇ॥੩॥		Ho Moorakh Kaarai Laaeeaa Naanak Har Kanmae ||3||	I am just a fool, O Nanak, but the Lord has appointed me to perform His service. ||3||	ਹੇ ਨਾਨਕ! (ਆਖ-) ਹੇ ਹਰੀ! ਮੈਂ ਮੂਰਖ ਹਾਂ, ਮੈਨੂੰ ਆਪਣੇ (ਨਾਮ ਸਿਮਰਨ ਦੇ) ਕੰਮ ਵਿਚ ਜੋੜ ॥੩॥

20409	449	ਗੁਰ ਅੰਮ੍ਰਿਤ ਭਿੰਨੀ ਦੇਹੁਰੀ ਅੰਮ੍ਰਿਤੁ ਬੁਰਕੇ ਰਾਮ ਰਾਜੇ॥	ਗੁਰਸਿੱਖਾਂ ਤੇ ਅੰਮ੍ਰਿਤੁ। (ਬੁਰਕੇ) ਛਿੜਕਦੇ	Gur Anmrith Bhinnee Dhaehuree Anmrith Burakae Raam Raajae ||	The Guru's body is drenched with Ambrosial Nectar; He sprinkles it upon me, O Lord King.	ਗੁਰੂ ਦਾ ਸੋਹਣਾ ਹਿਰਦਾ ਸਦਾ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਭਿੱਜਾ ਰਹਿੰਦਾ ਹੈ, ਉਹ (ਗੁਰੂ ਹੋਰਨਾਂ ਦੇ ਹਿਰਦੇ ਵਿਚ ਭੀ ਇਹ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਛਿੜਕਦਾ ਰਹਿੰਦਾ ਹੈ।
20410	449	ਜਿਨਾ ਗੁਰਬਾਣੀ ਮਨਿ ਭਾਈਆ ਅੰਮ੍ਰਿਤਿ ਛਕਿ ਛਕੇ॥	ਛਕਿ ਛਕੇ:ਪੋਲ ਬੋਲੋ	Jinaa Gurabaanee Man Bhaaeeaa Anmrith Shhak Shhakae ||	Those whose minds are pleased with the Word of the Guru's Bani, drink in the Ambrosial Nectar again and again.	ਜਿਨ੍ਹਾਂ ਮਨੁੱਖਾਂ ਨੂੰ ਆਪਣੇ ਮਨ ਵਿਚ ਸਤਿਗੁਰੂ ਦੀ ਬਾਣੀ ਪਿਆਰੀ ਲੱਗ ਪੈਂਦੀ ਹੈ, ਬਾਣੀ ਦਾ ਰਸ ਮਾਣ ਮਾਣ ਕੇ ਉਹਨਾਂ ਦੇ ਹਿਰਦੇ ਭੀ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਭਿੱਜ ਜਾਂਦੇ ਹਨ।
20411	449	ਗੁਰ ਤੁਠੈ ਹਰਿ ਪਾਇਆ ਚੂਕੇ ਧਕ ਧਕੇ॥	(ਤੁਠੈ) ਪ੍ਰਸੰਨ ਹੋਣ ਨਾਲ। ਧੱਕ ਧੱਕੇ	Gur Thuthai Har Paaeiaa Chookae Dhhak Dhhakae ||	As the Guru is pleased, the Lord is obtained, and you shall not be pushed around any more.	ਗੁਰਾਂ ਦੇ ਪ੍ਰਸੰਨ ਹੋਣ ਤੇ ਮੈਂ ਵਾਹਿਗੁਰੂ ਨੂੰ ਪਾ ਲਿਆ ਹੈ ਅਤੇ ਹੁਣ ਮੈਨੂੰ ਧੱਕੇ ਨਹੀਂ ਪੈਣਗੇ।
20412	449	ਹਰਿ ਜਨੁ ਹਰਿ ਹਰਿ ਹਰਿ ਹੋਇਆ ਨਾਨਕੁ ਹਰਿ ਇਕੇ॥੪॥੯॥੧੬॥	ਇੱਕੇ	Har Jan Har Har Hoeiaa Naanak Har Eikae ||4||9||16||	The Lord's humble servant becomes the Lord, Har, Har; O Nanak, the Lord and His servant are one and the same. ||4||9||16||	ਹੇ ਨਾਨਕ! ਪਰਮਾਤਮਾ ਤੇ ਪਰਮਾਤਮਾ ਦਾ ਸੇਵਕ ਇਕ-ਰੂਪ ਹੋ ਜਾਂਦੇ ਹਨ, ਸੇਵਕ ਪਰਮਾਤਮਾ ਵਿਚ ਲੀਨ ਹੋ ਜਾਂਦਾ ਹੈ ॥੪॥੯॥੧੬॥
20413	449	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	

20414	449	ਹਰਿ ਅੰਮ੍ਰਿਤ ਭਗਤਿ ਭੰਡਾਰ ਹੈ ਗੁਰ ਸਤਿਗੁਰ ਪਾਸੇ ਰਾਮ ਰਾਜੇ॥	ਪੱਾਸੇ	Har Anmrith Bhagath Bhanddaar Hai Gur Sathigur Paasae Raam Raajae ||	The treasure of Ambrosial Nectar the Lord's devotional service is found through the Guru, the True Guru, O Lord King.	ਆਤਮਕ ਜੀਵਨ ਦੇਣ ਵਾਲੀ ਪ੍ਰਭੂ ਭਗਤੀ ਦੇ ਖ਼ਜ਼ਾਨੇ ਗੁਰੂ ਸਤਿਗੁਰੂ ਦੇ ਕੋਲ ਹੀ ਹਨ।
20415	449	ਗੁਰੁ ਸਤਿਗੁਰੁ ਸਚਾ ਸਾਹੁ ਹੈ ਸਿਖ ਦੇਇ ਹਰਿ ਰਾਸੇ॥	(ਰਾਸੇ) ਪੂੰਜੀ	Gur Sathigur Sachaa Saahu Hai Sikh Dhaee Har Raasae ||	The Guru, the True Guru, is the True Banker, who gives to His Sikh the capital of the Lord.	ਇਸ ਸਦਾ-ਥਿਰ ਹਰਿ-ਭਗਤੀ ਦੇ ਖ਼ਜ਼ਾਨੇ ਦਾ ਸਾਹੂਕਾਰ ਗੁਰੂ ਸਤਿਗੁਰੂ ਹੀ ਹੈ, ਉਹ ਆਪਣੇ ਸਿੱਖਾਂ ਨੂੰ ਇਹ ਭਗਤੀ-ਸਰਮਾਇਆ ਦੇਂਦਾ ਹੈ।
20416	449	ਧਨੁ ਧੰਨੁ ਵਣਜਾਰਾ ਵਣਜੁ ਹੈ ਗੁਰੁ ਸਾਹੁ ਸਾਬਾਸੇ॥		Dhhan Dhhann Vanajaaraa Vanaj Hai Gur Saahu Saabaasae ||	Blessed, blessed is the trader and the trade; how wonderful is the Banker, the Guru!	(ਪ੍ਰਭੂ-ਭਗਤੀ ਦਾ ਵਣਜ) ਸ੍ਰੇਸ਼ਟ ਵਣਜ ਹੈ, ਭਾਗਾਂ ਵਾਲਾ ਹੈ ਉਹ ਮਨੁੱਖ ਜੋ ਇਹ ਵਣਜ ਕਰਦਾ ਹੈ, ਨਾਮ-ਧਨ ਦਾ ਸ਼ਾਹ ਗੁਰੂ ਉਸ ਮਨੁੱਖ ਨੂੰ ਸ਼ਾਬਾਸ਼ ਦੇਂਦਾ ਹੈ।
20417	449	ਜਨੁ ਨਾਨਕੁ ਗੁਰੁ ਤਿਨੀ ਪਾਇਆ ਜਿਨ ਧੁਰਿ ਲਿਖਤੁ ਲਿਲਾਟਿ ਲਿਖਾਸੇ॥੧॥	(ਲਿਲਾਟਿ) ਮੱਥੇ ਤੇ	Jan Naanak Gur Thinhee Paaeiaa Jin Dhhur Likhath Lilaatt Likhaasae ||1||	O servant Nanak, they alone obtain the Guru, who have such pre-ordained destiny written upon their foreheads. ||1||	ਦਾਸ ਨਾਨਕ ਆਖਦਾ ਹੈ, ਜਿਨ੍ਹਾਂ ਮਨੁੱਖਾਂ ਦੇ ਮੱਥੇ ਉੱਤੇ ਧੁਰੋਂ ਪ੍ਰਭੂ ਦੀ ਹਜ਼ੂਰੀ ਤੋਂ (ਇਸ ਸਰਮਾਏ ਦੀ ਪ੍ਰਾਪਤੀ ਦਾ) ਲੇਖ ਲਿਖਿਆ ਹੈ ਉਹਨਾਂ ਨੂੰ ਹੀ ਮਿਲਦਾ ਹੈ ॥੧॥

20418	449	ਸਚੁ ਸਾਹੁ ਹਮਾਰਾ ਤੂੰ ਧਣੀ ਸਭੁ ਜਗਤੁ ਵਣਜਾਰਾ ਰਾਮ ਰਾਜੇ॥	(ਧਣੀ) ਮਾਲਕ। ਜੱਗਤੁ	Sach Saahu Hamaaraa Thoon Dhhanee Sabh Jagath Vanajaaraa Raam Raajae ||	You are my True Banker, O Lord; the whole world is Your trader, O Lord King.	ਹੇ ਪ੍ਰਭੂ! ਤੂੰ ਸਾਡਾ ਮਾਲਕ ਹੈਂ ਤੂੰ ਸਾਡਾ ਸਦਾ ਕਾਇਮ ਰਹਿਣ ਵਾਲਾ ਸ਼ਾਹ ਹੈਂ (ਤੇਰਾ ਪੈਦਾ ਕੀਤਾ ਹੋਇਆ ਇਹ) ਸਾਰਾ ਜਗਤ ਇਥੇ ਤੇਰੇ ਦਿੱਤੇ ਨਾਮ-ਸਰਮਾਏ ਨਾਲ ਨਾਮ ਦਾ ਵਣਜ ਕਰਨ ਆਇਆ ਹੋਇਆ ਹੈ।
20419	449	ਸਭ ਭਾਂਡੇ ਤੁਧੈ ਸਾਜਿਆ ਵਿਚਿ ਵਸਤੁ ਹਰਿ ਥਾਰਾ॥	(ਥਾਰਾ) ਆਪਜੀ ਦਾ	Sabh Bhaanddae Thudhhai Saajiaa Vich Vasath Har Thhaaraa ||	You fashioned all vessels, O Lord, and that which dwells within is also Yours.	ਹੇ ਪ੍ਰਭੂ! ਇਹ ਸਾਰੇ ਜੀਵ ਜੰਤ ਤੂੰ ਹੀ ਪੈਦਾ ਕੀਤੇ ਹਨ, ਇਹਨਾਂ ਦੇ ਅੰਦਰ ਤੇਰੀ ਹੀ ਦਿੱਤੀ ਹੋਈ ਜਿੰਦ-ਵਸਤ ਮੌਜੂਦ ਹੈ।
20420	449	ਜੋ ਪਾਵਹਿ ਭਾਂਡੇ ਵਿਚਿ ਵਸਤੁ ਸਾ ਨਿਕਲੈ ਕਿਆ ਕੋਈ ਕਰੇ ਵੇਚਾਰਾ॥		Jo Paavehi Bhaanddae Vich Vasath Saa Nikalai Kiaa Koee Karae Vaechaaraa ||	Whatever You place in that vessel, that alone comes out again. What can the poor creatures do?	ਕੋਈ ਵਿਚਾਰਾ ਜੀਵ (ਆਪਣੇ ਉੱਦਮ ਨਾਲ) ਕੁਝ ਭੀ ਨਹੀਂ ਕਰ ਸਕਦਾ, ਜੇਹੜਾ ਕੋਈ (ਗੁਣ ਔਗੁਣ) ਪਦਾਰਥ ਤੂੰ ਇਹਨਾਂ ਸਰੀਰਾਂ ਵਿਚ ਪਾਂਦਾ ਹੈ ਉਹੀ ਉੱਘੜਦਾ ਹੈ।
20421	450	ਜਨ ਨਾਨਕ ਕਉ ਹਰਿ ਬਖਸਿਆ ਹਰਿ ਭਗਤਿ ਭੰਡਾਰਾ॥੨॥		Jan Naanak Ko Har Bakhasiaa Har Bhagath Bhanddaaraa ||2||	The Lord has given the treasure of His devotional worship to servant Nanak. ||2||	ਹੇ ਹਰੀ! ਆਪਣੇ ਦਾਸ ਨਾਨਕ ਨੂੰ ਭੀ ਤੂੰ ਹੀ (ਮੇਹਰ ਕਰ ਕੇ) ਆਪਣੀ ਭਗਤੀ ਦਾ ਖ਼ਜ਼ਾਨਾ ਬਖ਼ਸ਼ਿਆ ਹੈ ॥੨॥

20422	450	ਹਮ ਕਿਆ ਗੁਣ ਤੇਰੇ ਵਿਥਰਹ ਸੁਆਮੀ ਤੂੰ ਅਪਰ ਅਪਾਰੋ ਰਾਮ ਰਾਜੇ॥	(ਵਿਥਰਹ) ਵਿਸਥਾਰ ਕਰੀਏ	Ham Kiaa Gun Thaerae Vithhareh Suaamee Thoon Apar Apaaro Raam Raajae ||	What Glorious Virtues of Yours can I describe, O Lord and Master? You are the most infinite of the infinite, O Lord King.	ਹੇ ਮੇਰੇ ਮਾਲਕ! (ਤੂੰ ਬੇਅੰਤ ਗੁਣਾਂ ਦਾ ਮਾਲਕ ਹੈਂ) ਅਸੀਂ ਤੇਰੇ ਕੇਹੜੇ ਕੇਹੜੇ ਗੁਣ ਗਿਣ ਕੇ ਦੱਸ ਸਕਦੇ ਹਾਂ? ਤੂੰ ਬੇਅੰਤ ਹੈਂ, ਤੂੰ ਬੇਅੰਤ ਹੈਂ।
20423	450	ਹਰਿ ਨਾਮੁ ਸਾਲਾਹਹ ਦਿਨੁ ਰਾਤਿ ਏਹਾ ਆਸ ਆਧਾਰੋ॥		Har Naam Saalaaheh Dhin Raath Eaehaa Aas Aadhhaaro ||	I praise the Lord's Name, day and night; this alone is my hope and support.	ਹੇ ਸੁਆਮੀ! ਅਸੀਂ ਤਾਂ ਦਿਨੇ ਰਾਤ ਤੇਰੇ ਨਾਮ ਦੀ ਹੀ ਵਡਿਆਈ ਕਰਦੇ ਹਾਂ, ਸਾਡੇ ਜੀਵਨ ਦਾ ਇਹੀ ਸਹਾਰਾ ਹੈ ਇਹੀ ਆਸਰਾ ਹੈ।
20424	450	ਹਮ ਮੂਰਖ ਕਿਛੂਅ ਨ ਜਾਣਹਾ ਕਿਵ ਪਾਵਹ ਪਾਰੋ॥		Ham Moorakh Kishhooa N Jaanehaa Kiv Paaveh Paaro ||	I am a fool, and I know nothing. How can I find Your limits?	ਹੇ ਪ੍ਰਭੂ! ਅਸੀਂ ਮੂਰਖ ਹਾਂ, ਸਾਨੂੰ ਕੋਈ ਸਮਝ ਨਹੀਂ ਹੈ, ਅਸੀਂ ਤੇਰਾ ਅੰਤ ਕਿਵੇਂ ਪਾ ਸਕਦੇ ਹਾਂ?
20425	450	ਜਨੁ ਨਾਨਕੁ ਹਰਿ ਕਾ ਦਾਸੁ ਹੈ ਹਰਿ ਦਾਸ ਪਨਿਹਾਰੋ॥੩॥	(ਪਨਿਹਾਰੋ) ਪਾਣੀ ਭਰਨ ਵਾਲਾ	Jan Naanak Har Kaa Dhaas Hai Har Dhaas Panihaaro ||3||	Servant Nanak is the slave of the Lord, the water-carrier of the slaves of the Lord. ||3||	ਦਾਸ ਨਾਨਕ ਤਾਂ ਪਰਮਾਤਮਾ ਦਾ ਦਾਸ ਹੈ, ਪਰਮਾਤਮਾ ਦੇ ਦਾਸਾਂ ਦਾ ਦਾਸ ਹੈ ॥੩॥

20426	450	ਜਿਉ ਭਾਵੈ ਤਿਉ ਰਾਖਿ ਲੈ ਹਮ ਸਰਣਿ ਪ੍ਰਭ ਆਏ ਰਾਮ ਰਾਜੇ॥		Jio Bhaavai Thio Raakh Lai Ham Saran Prabh Aaeae Raam Raajae ||	As it pleases You, You save me; I have come seeking Your Sanctuary, O God, O Lord King.	ਹੇ ਪ੍ਰਭੂ! ਅਸੀਂ ਤੇਰੀ ਸਰਨ ਆਏ ਹਾਂ, ਹੁਣ ਜਿਵੇਂ ਤੇਰੀ ਮਰਜ਼ੀ ਹੋਵੇ ਤਿਵੇਂ ਸਾਨੂੰ (ਮੰਦੇ ਕੰਮਾਂ ਤੋਂ) ਬਚਾ ਲੈ।
20427	450	ਹਮ ਭੂਲਿ ਵਿਗਾੜਹ ਦਿਨਸੁ ਰਾਤਿ ਹਰਿ ਲਾਜ ਰਖਾਏ॥		Ham Bhool Vigaarreh Dhinas Raath Har Laaj Rakhaaeae ||	I am wandering around, ruining myself day and night; O Lord, please save my honor!	ਅਸੀਂ ਦਿਨ ਰਾਤ (ਜੀਵਨ-ਰਾਹ ਤੋਂ) ਖੁੰਝ ਕੇ (ਆਪਣੇ ਆਤਮਕ ਜੀਵਨ ਨੂੰ) ਖ਼ਰਾਬ ਕਰਦੇ ਰਹਿੰਦੇ ਹਾਂ। ਹੇ ਹਰੀ! ਸਾਡੀ ਇੱਜ਼ਤ ਰੱਖ।
20428	450	ਹਮ ਬਾਰਿਕ ਤੂੰ ਗੁਰੁ ਪਿਤਾ ਹੈ ਦੇ ਮਤਿ ਸਮਝਾਏ॥		Ham Baarik Thoon Gur Pithaa Hai Dhae Math Samajhaaeae ||	I am just a child; You, O Guru, are my father. Please give me understanding and instruction.	ਹੇ ਪ੍ਰਭੂ! ਅਸੀਂ ਤੇਰੇ ਬੱਚੇ ਹਾਂ, ਤੂੰ ਸਾਡਾ ਗੁਰੂ ਹੈਂ ਤੂੰ ਸਾਡਾ ਪਿਤਾ ਹੈਂ, ਸਾਨੂੰ ਮਤਿ ਦੇ ਕੇ ਚੰਗੀ ਸਮਝ ਬਖ਼ਸ਼।
20429	450	ਜਨੁ ਨਾਨਕੁ ਦਾਸੁ ਹਰਿ ਕਾਂਢਿਆ ਹਰਿ ਪੈਜ ਰਖਾਏ॥੪॥੧੦॥੧੭॥	(ਕਾਂਢਿਆ) ਕਿਹਾ ਜਾਂਦਾ	Jan Naanak Dhaas Har Kaandtiaa Har Paij Rakhaaeae ||4||10||17||	Servant Nanak is known as the Lord's slave; O Lord, please preserve his honor! ||4||10||17||	ਹੇ ਹਰੀ! ਦਾਸ ਨਾਨਕ ਤੇਰਾ ਦਾਸ ਅਖਵਾਂਦਾ ਹੈ, (ਮੇਹਰ ਕਰ, ਆਪਣੇ ਦਾਸ ਦੀ) ਇੱਜ਼ਤ ਰੱਖ ॥੪॥੧੦॥੧੭॥
20430	450	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	

20431	450	ਜਿਨ ਮਸਤਕਿ ਧੁਰਿ ਹਰਿ ਲਿਖਿਆ ਤਿਨਾ ਸਤਿਗੁਰੁ ਮਿਲਿਆ ਰਾਮ ਰਾਜੇ॥		Jin Masathak Dhhur Har Likhiaa Thinaa Sathigur Miliaa Raam Raajae ||	Those who have the blessed pre-ordained destiny of the Lord written on their foreheads, meet the True Guru, the Lord King.	ਜਿਨ੍ਹਾਂ ਮਨੁੱਖਾਂ ਦੇ ਮੱਥੇ ਉਤੇ ਧੁਰ ਦਰਗਾਹ ਤੋਂ ਪਰਮਾਤਮਾ (ਗੁਰੂ-ਮਿਲਾਪ ਦਾ ਲੇਖ) ਲਿਖ ਦੇਂਦਾ ਹੈ ਉਹਨਾਂ ਨੂੰ ਗੁਰੂ ਮਿਲ ਪੈਂਦਾ ਹੈ,
20432	450	ਅਗਿਆਨੁ ਅੰਧੇਰਾ ਕਟਿਆ ਗੁਰ ਗਿਆਨੁ ਘਟਿ ਬਲਿਆ॥	ਘਟਿ ਬਲਿਆ:ਪੋਲੇ ਬੋਲੋ	Agiaan Andhhaeraa Kattiaa Gur Giaan Ghatt Baliaa ||	The Guru removes the darkness of ignorance, and spiritual wisdom illuminates their hearts.	(ਉਹਨਾਂ ਦੇ ਮਨ ਵਿਚੋਂ, ਗੁਰੂ ਦੀ ਮੇਹਰ ਨਾਲ) ਆਤਮਕ ਜੀਵਨ ਵਲੋਂ ਬੇ-ਸਮਝੀ ਦਾ ਹਨੇਰਾ ਦੂਰ ਹੋ ਜਾਂਦਾ ਹੈ, ਤੇ, ਉਹਨਾਂ ਦੇ ਹਿਰਦੇ ਵਿਚ ਗੁਰੂ ਦੀ ਬਖ਼ਸ਼ੀ ਹੋਈ ਆਤਮਕ ਜੀਵਨ ਦੀ ਸੂਝ ਚਮਕ ਪੈਂਦੀ ਹੈ।
20433	450	ਹਰਿ ਲਧਾ ਰਤਨੁ ਪਦਾਰਥੋ ਫਿਰਿ ਬਹੁੜਿ ਨ ਚਲਿਆ॥	ਲੱਧਾ।ਚੱਲਿਆ	Har Ladhhaa Rathan Padhaarathho Fir Bahurr N Chaliaa ||	They find the wealth of the jewel of the Lord, and then, they do not wander any longer.	ਉਹਨਾਂ ਨੂੰ ਪਰਮਾਤਮਾ ਦਾ ਨਾਮ ਕੀਮਤੀ ਰਤਨ ਲੱਭ ਪੈਂਦਾ ਹੈ ਜੇਹੜਾ ਮੁੜ (ਉਹਨਾਂ ਪਾਸੋਂ ਕਦੇ) ਗੁਆਚਦਾ ਨਹੀਂ।
20434	450	ਜਨ ਨਾਨਕ ਨਾਮੁ ਆਰਾਧਿਆ ਆਰਾਧਿ ਹਰਿ ਮਿਲਿਆ॥੧॥		Jan Naanak Naam Aaraadhhiaa Aaraadhh Har Miliaa ||1||	Servant Nanak meditates on the Naam, the Name of the Lord, and in meditation, he meets the Lord. ||1||	ਹੇ ਦਾਸ ਨਾਨਕ! ਗੁਰੂ ਦੀ ਸਰਨ ਪੈ ਕੇ ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ, ਨਾਮ ਸਿਮਰ ਕੇ ਉਹ ਪਰਮਾਤਮਾ ਵਿਚ ਹੀ ਲੀਨ ਹੋ ਜਾਂਦੇ ਹਨ ॥੧॥

20435	450	ਜਿਨੀ ਐਸਾ ਹਰਿ ਨਾਮੁ ਨ ਚੇਤਿਓ ਸੇ ਕਾਹੇ ਜਗਿ ਆਏ ਰਾਮ ਰਾਜੇ॥	ਜੱਗਿ	Jinee Aisaa Har Naam N Chaethiou Sae Kaahae Jag Aaeae Raam Raajae ||	Those who have not kept the Lord's Name in their consciousness - why did they bother to come into the world, O Lord King?	(ਆਤਮਕ ਜੀਵਨ ਦੀ ਸੂਝ ਦੇਣ ਵਾਲਾ) ਅਜੇਹਾ ਕੀਮਤੀ ਨਾਮ ਜਿਨ੍ਹਾਂ ਮਨੁੱਖਾਂ ਨੇ ਨਹੀਂ ਸਿਮਰਿਆ, ਉਹ ਜਗਤ ਵਿਚ ਕਾਹਦੇ ਲਈ ਜੰਮੇ?
20436	450	ਇਹੁ ਮਾਣਸ ਜਨਮੁ ਦੁਲੰਭੁ ਹੈ ਨਾਮ ਬਿਨਾ ਬਿਰਥਾ ਸਭੁ ਜਾਏ॥	ਦੁਲੰਭੁ	Eihu Maanas Janam Dhulanbh Hai Naam Binaa Birathhaa Sabh Jaaeae ||	It is so difficult to obtain this human incarnation, and without the Naam, it is all futile and useless.	ਇਹ ਮਨੁੱਖਾ ਜਨਮ ਬੜੀ ਮੁਸ਼ਕਲ ਨਾਲ ਮਿਲਦਾ ਹੈ, ਨਾਮ ਸਿਮਰਨ ਤੋਂ ਬਿਨਾ ਸਾਰੇ ਦਾ ਸਾਰਾ ਵਿਅਰਥ ਚਲਾ ਜਾਂਦਾ ਹੈ।
20437	450	ਹੁਣਿ ਵਤੈ ਹਰਿ ਨਾਮੁ ਨ ਬੀਜਿਓ ਅਗੈ ਭੁਖਾ ਕਿਆ ਖਾਏ॥	(ਵੱਤੈ) ਵੱਤਰ ਵੇਲ਼ੇ	Hun Vathai Har Naam N Beejiou Agai Bhukhaa Kiaa Khaaeae ||	Now, in this most fortunate season, he does not plant the seed of the Lord's Name; what will the hungry soul eat, in the world hereafter?	ਜੇਹੜਾ ਮਨੁੱਖਾ ਜਨਮ ਵਿਚ ਢੁਕਵੇਂ ਸਮੇ (ਆਪਣੇ ਹਿਰਦੇ ਦੀ ਖੇਤੀ ਵਿਚ) ਪਰਮਾਤਮਾ ਦਾ ਨਾਮ ਨਹੀਂ ਬੀਜਦਾ, ਉਹ ਆਤਮਕ ਜੀਵਨ ਆਤਮ-ਜੀਵਨ ਦੀ ਭੁਖ ਕਿਵੇਂ ਮੇਟੇਗਾ?
20438	450	ਮਨਮੁਖਾ ਨੋ ਫਿਰਿ ਜਨਮੁ ਹੈ ਨਾਨਕ ਹਰਿ ਭਾਏ॥੨॥		Manamukhaa No Fir Janam Hai Naanak Har Bhaaeae ||2||	The self-willed manmukhs are born again and again. O Nanak, such is the Lord's Will. ||2||	ਹੇ ਨਾਨਕ! (ਆਖ-) ਆਪਣੇ ਮਨ ਦੇ ਪਿੱਛੇ ਤੁਰਨ ਵਾਲਿਆਂ ਨੂੰ ਮੁੜ ਮੁੜ ਜਨਮਾਂ ਦਾ ਚੱਕਰ ਮਿਲਦਾ ਹੈ (ਉਹਨਾਂ ਵਾਸਤੇ) ਪਰਮਾਤਮਾ ਨੂੰ ਇਹੀ ਚੰਗਾ ਲੱਗਦਾ ਹੈ ॥੨॥

20439	450	ਤੂੰ ਹਰਿ ਤੇਰਾ ਸਭੁ ਕੋ ਸਭਿ ਤੁਧੁ ਉਪਾਏ ਰਾਮ ਰਾਜੇ॥		Thoon Har Thaeraa Sabh Ko Sabh Thudhh Oupaaeae Raam Raajae ||	You, O Lord, belong to all, and all belong to You. You created all, O Lord King.	ਹੇ ਹਰੀ! ਤੂੰ ਸਭ ਜੀਵਾਂ ਦਾ ਮਾਲਕ ਹੈਂ, ਹਰੇਕ ਜੀਵ ਤੇਰਾ (ਪੈਦਾ ਕੀਤਾ ਹੋਇਆ ਹੈ), ਸਾਰੇ ਜੀਵ ਤੂੰ ਹੀ ਪੈਦਾ ਕੀਤੇ ਹੋਏ ਹਨ।
20440	450	ਕਿਛੁ ਹਾਥਿ ਕਿਸੈ ਦੈ ਕਿਛੁ ਨਾਹੀ ਸਭਿ ਚਲਹਿ ਚਲਾਏ॥		Kishh Haathh Kisai Dhai Kishh Naahee Sabh Chalehi Chalaaeae ||	Nothing is in anyone's hands; all walk as You cause them to walk.	ਕਿਸੇ ਜੀਵ ਦੇ ਆਪਣੇ ਵੱਸ ਵਿਚ ਕੁਝ ਨਹੀਂ, ਜਿਵੇਂ ਤੂੰ ਤੋਰਦਾ ਹੈਂ ਤਿਵੇਂ ਸਾਰੇ ਜੀਵ ਤੁਰਦੇ ਹਨ।
20441	450	ਜਿਨ੍ ਤੂੰ ਮੇਲਹਿ ਪਿਆਰੇ ਸੇ ਤੁਧੁ ਮਿਲਹਿ ਜੋ ਹਰਿ ਮਨਿ ਭਾਏ॥		Jinh Thoon Maelehi Piaarae Sae Thudhh Milehi Jo Har Man Bhaaeae ||	They alone are united with You, O Beloved, whom You cause to be so united; they alone are pleasing to Your Mind.	ਹੇ ਪਿਆਰੇ! ਜਿਨ੍ਹਾਂ ਜੀਵਾਂ ਨੂੰ ਤੂੰ ਆਪਣੇ ਨਾਲ ਮਿਲਾਂਦਾ ਹੈਂ, ਜੇਹੜੇ ਤੈਨੂੰ ਆਪਣੇ ਮਨ ਵਿਚ ਚੰਗੇ ਲੱਗਦੇ ਉਹ ਤੇਰੇ ਚਰਨਾਂ ਵਿਚ ਜੁੜੇ ਰਹਿੰਦੇ ਹਨ।
20442	450	ਜਨ ਨਾਨਕ ਸਤਿਗੁਰੁ ਭੇਟਿਆ ਹਰਿ ਨਾਮਿ ਤਰਾਏ॥੩॥		Jan Naanak Sathigur Bhaettiaa Har Naam Tharaaeae ||3||	Servant Nanak has met the True Guru, and through the Lord's Name, he has been carried across. ||3||	ਹੇ ਦਾਸ ਨਾਨਕ! ਜਿਨ੍ਹਾਂ ਮਨੁੱਖਾਂ ਨੂੰ ਗੁਰੂ ਮਿਲ ਪੈਂਦਾ ਹੈ, ਗੁਰੂ ਉਹਨਾਂ ਨੂੰ ਪਰਮਾਤਮਾ ਦੇ ਨਾਮ ਵਿਚ ਜੋੜ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੩॥

20443	450	ਕੋਈ ਗਾਵੈ ਰਾਗੀ ਨਾਦੀ ਬੇਦੀ ਬਹੁ ਭਾਤਿ ਕਰਿ ਨਹੀ ਹਰਿ ਹਰਿ ਭੀਜੈ ਰਾਮ ਰਾਜੇ॥	ਭਾਂਤਿ	Koee Gaavai Raagee Naadhee Baedhee Bahu Bhaath Kar Nehee Har Har Bheejai Raam Raajae ||	Some sing of the Lord, through musical Ragas and the sound current of the Naad, through the Vedas, and in so many ways. But the Lord, Har, Har, is not pleased by these, O Lord King.	ਕੋਈ ਮਨੁੱਖ ਰਾਗ ਗਾ ਕੇ, ਕੋਈ ਸੰਖ ਆਦਿਕ ਸਾਜ ਵਜਾ ਕੇ, ਕੋਈ ਧਰਮ ਪੁਸਤਕਾਂ ਪੜ੍ਹ ਕੇ ਕਈ ਤਰੀਕਿਆਂ ਨਾਲ ਪਰਮਾਤਮਾ ਦੇ ਗੁਣ ਗਾਂਦਾ ਹੈ ਪਰ ਪਰਮਾਤਮਾ ਇਸ ਤਰ੍ਹਾਂ ਪ੍ਰਸੰਨ ਨਹੀਂ ਹੁੰਦਾ।
20444	450	ਜਿਨਾ ਅੰਤਰਿ ਕਪਟੁ ਵਿਕਾਰੁ ਹੈ ਤਿਨਾ ਰੋਇ ਕਿਆ ਕੀਜੈ॥		Jinaa Anthar Kapatt Vikaar Hai Thinaa Roe Kiaa Keejai ||	Those who are filled with fraud and corruption within - what good does it do for them to cry out?	ਜਿਨ੍ਹਾਂ ਦੇ ਅੰਦਰ ਫ਼ਰੇਬ ਅਤੇ ਪਾਪ ਹੈ, ਉਹਨਾਂ ਦਾ ਵਿਰਲਾਪ ਕਰਨਾ ਕੀ ਅਰਥ ਹੈ?
20445	450	ਹਰਿ ਕਰਤਾ ਸਭੁ ਕਿਛੁ ਜਾਣਦਾ ਸਿਰਿ ਰੋਗ ਹਥੁ ਦੀਜੈ॥		Har Karathaa Sabh Kishh Jaanadhaa Sir Rog Hathh Dheejai ||	The Creator Lord knows everything, although they may try to hide their sins and the causes of their diseases.	ਕਰਤਾਰ (ਹਰੇਕ ਮਨੁੱਖ ਦੇ ਦਿਲ ਦੀ) ਹਰੇਕ ਗੱਲ ਜਾਣਦਾ ਹੈ, ਅੰਦਰਲੇ ਰੋਗਾਂ ਉਤੇ ਬੇਸ਼ੱਕ ਹੱਥ ਦਿੱਤਾ ਜਾਏ (ਭਾਵੇਂ ਅੰਦਰਲੇ ਵਿਕਾਰਾਂ ਨੂੰ ਲੁਕਾਣ ਦਾ ਜਤਨ ਕੀਤਾ ਜਾਏ)।

20446	450	ਜਿਨਾ ਨਾਨਕ ਗੁਰਮੁਖਿ ਹਿਰਦਾ ਸੁਧੁ ਹੈ ਹਰਿ ਭਗਤਿ ਹਰਿ ਲੀਜੈ॥੪॥੧੧॥੧੮॥	ਸੁੱਧੁ	Jinaa Naanak Guramukh Hiradhaa Sudhh Hai Har Bhagath Har Leejai ||4||11||18||	O Nanak, those Gurmukhs whose hearts are pure, obtain the Lord, Har, Har, by devotional worship. ||4||11||18||	ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਮਨੁੱਖਾਂ ਦਾ ਹਿਰਦਾ ਪਵਿਤ੍ਰ ਹੋ ਜਾਂਦਾ ਹੈ, ਉਹੀ ਪਰਮਾਤਮਾ ਦੀ ਭਗਤੀ ਕਰਦੇ ਹਨ, ਉਹੀ ਹਰੀ ਦਾ ਨਾਮ ਲੈਂਦੇ ਹਨ ॥੪॥੧੧॥੧੮॥
20447	450	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	
20448	450	ਜਿਨ ਅੰਤਰਿ ਹਰਿ ਹਰਿ ਪ੍ਰੀਤਿ ਹੈ ਤੇ ਜਨ ਸੁਘੜ ਸਿਆਣੇ ਰਾਮ ਰਾਜੇ॥	ਸੁਘੜ:ਪੋਲਾ ਬੋਲੋ	Jin Anthar Har Har Preeth Hai Thae Jan Sugharr Siaanae Raam Raajae ||	Those whose hearts are filled with the love of the Lord, Har, Har, are the wisest and most clever people, O Lord King.	ਜਿਨ੍ਹਾਂ ਬੰਦਿਆਂ ਦੇ ਹਿਰਦੇ ਵਿਚ ਪਰਮਾਤਮਾ ਦਾ ਪਿਆਰ ਮੌਜੂਦ ਹੈ (ਪਰਮਾਤਮਾ ਦੀਆਂ ਨਜ਼ਰਾਂ ਵਿਚ) ਉਹ ਬੰਦੇ ਸੁਚੱਜੇ ਹਨ ਸਿਆਣੇ ਹਨ।
20449	450	ਜੇ ਬਾਹਰਹੁ ਭੁਲਿ ਚੁਕਿ ਬੋਲਦੇ ਭੀ ਖਰੇ ਹਰਿ ਭਾਣੇ॥	ਜੇ ਬਾਹਰਹੁ ਗਰੀਬੀ ਨਾਲ ਅਪਣੇ ਆਪ ਨੂੰ (ਭੁੱਲਿ ਚੁੱਕਿ) ਭੁੱਲੇ ਭਟਕੇ ਨੀਚ ਕੀਟ ਬੋਲਦੇ, ਪਰ ਅੰਦਰੋਂ ਤਾਂ ਭੀ ਖਰੇ ਹੀ ਹਨ ਤੇ ਹਰੀ ਜੀ ਨੂੰ (ਭਾਣੇ) ਭਾਉਂਦੇ ਹਨ	Jae Baaharahu Bhul Chuk Boladhae Bhee Kharae Har Bhaanae ||	Even if they misspeak outwardly, they are still very pleasing to the Lord.	ਜੇ ਉਹ ਕਦੇ ਉਕਾਈ ਖਾ ਕੇ ਗ਼ਲਤੀ ਨਾਲ ਬਾਹਰ ਲੋਕਾਂ ਵਿਚ (ਉਕਾਈ ਵਾਲੇ ਬੋਲ) ਬੋਲ ਬੈਠਦੇ ਹਨ ਤਾਂ ਭੀ ਪਰਮਾਤਮਾ ਨੂੰ ਉਹ ਚੰਗੇ ਪਿਆਰੇ ਲੱਗਦੇ ਹਨ।

20450	450	ਹਰਿ ਸੰਤਾ ਨੋ ਹੋਰੁ ਥਾਉ ਨਾਹੀ ਹਰਿ ਮਾਣੁ ਨਿਮਾਣੇ॥		Har Santhaa No Hor Thhaao Naahee Har Maan Nimaanae ||	The Lord's Saints have no other place. The Lord is the honor of the dishonored.	ਪਰਮਾਤਮਾ ਦੇ ਸੰਤਾਂ ਨੂੰ (ਪਰਮਾਤਮਾ ਤੋਂ ਬਿਨਾ) ਹੋਰ ਕੋਈ ਆਸਰਾ ਨਹੀਂ ਹੁੰਦਾ (ਉਹ ਜਾਣਦੇ ਹਨ ਕਿ) ਪਰਮਾਤਮਾ ਹੀ ਨਿਮਾਣਿਆਂ ਦਾ ਮਾਣ ਹੈ।
20451	450	ਜਨ ਨਾਨਕ ਨਾਮੁ ਦੀਬਾਣੁ ਹੈ ਹਰਿ ਤਾਣੁ ਸਤਾਣੇ॥੧॥	(ਦੀਬਾਣੁ) ਆਸਰਾ। (ਸਤਾਣੇ) ਬਲ ਵਾਲੇ	Jan Naanak Naam Dheebaan Hai Har Thaan Sathaanae ||1||	The Naam, the Name of the Lord, is the Royal Court for servant Nanak; the Lord's power is his only power. ||1||	ਹੇ ਨਾਨਕ! ਪਰਮਾਤਮਾ ਦੇ ਸੇਵਕਾਂ ਵਾਸਤੇ ਪਰਮਾਤਮਾ ਦਾ ਨਾਮ ਹੀ ਸਹਾਰਾ ਹੈ, ਪਰਮਾਤਮਾ ਹੀ ਉਹਨਾਂ ਦਾ ਬਾਹੂ-ਬਲ ਹੈ (ਜਿਸ ਦੇ ਆਸਰੇ ਉਹ ਵਿਕਾਰਾਂ ਦੇ ਟਾਕਰੇ ਤੇ) ਤਕੜੇ ਰਹਿੰਦੇ ਹਨ ॥੧॥
20452	450	ਜਿਥੈ ਜਾਇ ਬਹੈ ਮੇਰਾ ਸਤਿਗੁਰੂ ਸੋ ਥਾਨੁ ਸੁਹਾਵਾ ਰਾਮ ਰਾਜੇ॥	(ਸੁਹਾਵਾ) ਸੁਹਣਾ	Jithhai Jaae Behai Maeraa Sathiguroo So Thhaan Suhaavaa Raam Raajae ||	Wherever my True Guru goes and sits, that place is beautiful, O Lord King.	ਜਿਸ ਥਾਂ ਤੇ ਪਿਆਰਾ ਗੁਰੂ ਜਾ ਬੈਠਦਾ ਹੈ (ਗੁਰ-ਸਿੱਖਾਂ ਵਾਸਤੇ) ਉਹ ਥਾਂ ਸੋਹਣਾ ਬਣ ਜਾਂਦਾ ਹੈ।
20453	450	ਗੁਰਸਿਖੀ ਸੋ ਥਾਨੁ ਭਾਲਿਆ ਲੈ ਧੂਰਿ ਮੁਖਿ ਲਾਵਾ॥		Gurasikhanaee So Thhaan Bhaaliaa Lai Dhhoor Mukh Laavaa ||	The Guru's Sikhs seek out that place; they take the dust and apply it to their faces.	ਗੁਰਸਿੱਖ ਉਸ ਥਾਂ ਨੂੰ ਲੱਭ ਲੈਂਦੇ ਹਨ, ਤੇ ਉਸ ਦੀ ਧੂੜ ਲੈ ਕੇ ਆਪਣੇ ਮੱਥੇ ਉਤੇ ਲਾ ਲੈਂਦੇ ਹਨ।

20454	450	ਗੁਰਸਿਖਾ ਕੀ ਘਾਲ ਥਾਇ ਪਈ ਜਿਨ ਹਰਿ ਨਾਮੁ ਧਿਆਵਾ॥		Gurasikhaa Kee Ghaal Thhaae Pee Jin Har Naam Dhhiaavaa ||	The works of the Guru's Sikhs, who meditate on the Lord's Name, are approved.	ਜੇਹੜੇ ਗੁਰਸਿੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ ਉਹਨਾਂ ਦੀ (ਗੁਰ-ਅਸਥਾਨ ਭਾਲਣ ਦੀ) ਮੇਹਨਤ ਪਰਮਾਤਮਾ ਦੇ ਦਰ ਤੇ ਕਬੂਲ ਹੋ ਜਾਂਦੀ ਹੈ।
20455	450	ਜਿਨ੍ ਨਾਨਕੁ ਸਤਿਗੁਰੁ ਪੂਜਿਆ ਤਿਨ ਹਰਿ ਪੂਜ ਕਰਾਵਾ॥੨॥	ਪੂੱਜਿਆ	Jinh Naanak Sathigur Poojiaa Thin Har Pooj Karaavaa ||2||	Those who worship the True Guru, O Nanak - the Lord causes them to be worshipped in turn. ||2||	ਨਾਨਕ ਜੇਹੜੇ ਮਨੁੱਖ (ਆਪਣੇ ਹਿਰਦੇ ਵਿਚ) ਗੁਰੂ ਦਾ ਆਦਰ-ਸਤਕਾਰ ਬਿਠਾਂਦੇ ਹਨ, ਪਰਮਾਤਮਾ (ਜਗਤ ਵਿਚ ਉਹਨਾਂ ਦਾ) ਆਦਰ ਕਰਾਂਦਾ ਹੈ ॥੨॥
20456	450	ਗੁਰਸਿਖਾ ਮਨਿ ਹਰਿ ਪ੍ਰੀਤਿ ਹੈ ਹਰਿ ਨਾਮ ਹਰਿ ਤੇਰੀ ਰਾਮ ਰਾਜੇ॥		Gurasikhaa Man Har Preeth Hai Har Naam Har Thaeree Raam Raajae ||	The Guru's Sikh keeps the Love of the Lord, and the Name of the Lord, in his mind. He loves You, O Lord, O Lord King.	ਹੇ ਹਰੀ! ਗੁਰੂ ਦੇ ਸਿੱਖਾਂ ਦੇ ਮਨ ਵਿਚ ਤੇਰੀ ਪ੍ਰੀਤ ਬਣੀ ਰਹਿੰਦੀ ਹੈ ਤੇਰੇ ਨਾਮ ਦਾ ਪਿਆਰ ਟਿਕਿਆ ਰਹਿੰਦਾ ਹੈ,
20457	451	ਕਰਿ ਸੇਵਹਿ ਪੂਰਾ ਸਤਿਗੁਰੂ ਭੁਖ ਜਾਇ ਲਹਿ ਮੇਰੀ॥	ਭੁੱਖ	Kar Saevehi Pooraa Sathiguroo Bhukh Jaae Lehi Maeree ||	He serves the Perfect True Guru, and his hunger and self-conceit are eliminated.	ਉਹ ਆਪਣੇ ਗੁਰੂ ਨੂੰ ਅਭੁੱਲ ਜਾਣ ਕੇ ਉਸ ਦੀ ਦੱਸੀ ਹੋਈ ਸੇਵਾ ਕਰਦੇ ਰਹਿੰਦੇ ਹਨ (ਜਿਸ ਦੀ ਬਰਕਤਿ ਨਾਲ ਉਹਨਾਂ ਦੇ ਮਨ ਵਿਚੋਂ) ਮਾਇਆ ਦੀ ਭੁੱਖ ਦੂਰ ਹੋ ਜਾਂਦੀ ਹੈ,

20458	451	ਗੁਰਸਿਖਾ ਕੀ ਭੁਖ ਸਭ ਗਈ ਤਿਨ ਪਿਛੈ ਹੋਰ ਖਾਇ ਘਨੇਰੀ॥	(ਘਨੇਰੀ) ਬਹੁਤ ਸ੍ਰਿਸ਼ਟੀ	Gurasikhaa Kee Bhukh Sabh Gee Thin Pishhai Hor Khaae Ghanaeree ||	The hunger of the Gursikh is totally eliminated; indeed, many others are satisfied through them.	ਗੁਰੂ ਦੇ ਸ਼ਰਨ ਲਗਿਆਂ ਦੀ ਮਾਇਆ ਦੀ ਸਾਰੀ ਭੁੱਖ ਦੂਰ ਹੋ ਜਾਂਦੀ ਹੈ, ਤੇ ਉਹਨਾਂ ਦੀ ਸੰਗਤ ਵਿੱਚ ਹੋਰ ਬਥੇਰੀ ਲੁਕਾਈ ਨਾਮ ਸਿਮਰਨ ਦੀ ਆਤਮਕ ਖ਼ੁਰਾਕ ਖਾਂਦੀ ਹੈ।
20459	451	ਜਨ ਨਾਨਕ ਹਰਿ ਪੁੰਨੁ ਬੀਜਿਆ ਫਿਰਿ ਤੋਟਿ ਨ ਆਵੈ ਹਰਿ ਪੁੰਨ ਕੇਰੀ॥੩॥		Jan Naanak Har Punn Beejiaa Fir Thott N Aavai Har Punn Kaeree ||3||	Servant Nanak has planted the Seed of the Lord's Goodness; this Goodness of the Lord shall never be exhausted. ||3||	ਹੇ ਦਾਸ ਨਾਨਕ! ਜੇਹੜੇ ਮਨੁੱਖ (ਆਪਣੇ ਹਿਰਦੇ-ਖੇਤ ਵਿਚ) ਹਰਿ-ਨਾਮ ਸਿਮਰਨ ਦਾ ਭਲਾ ਬੀਜ ਬੀਜਦੇ ਹਨ, ਉਹਨਾਂ ਦੇ ਅੰਦਰ ਇਸ ਭਲੇ ਕਰਮ ਦੀ ਕਦੇ ਕਮੀ ਨਹੀਂ ਹੁੰਦੀ ॥੩॥
20460	451	ਗੁਰਸਿਖਾ ਮਨਿ ਵਾਧਾਈਆ ਜਿਨ ਮੇਰਾ ਸਤਿਗੁਰੂ ਡਿਠਾ ਰਾਮ ਰਾਜੇ॥		Gurasikhaa Man Vaadhhaaeeaa Jin Maeraa Sathiguroo Ddithaa Raam Raajae ||	The minds of the Gursikhs rejoice, because they have seen my True Guru, O Lord King.	ਜਿਨ੍ਹਾਂ ਗੁਰਸਿੱਖਾਂ ਨੇ ਪਿਆਰੇ ਗੁਰੂ ਦਾ ਦਰਸ਼ਨ ਕਰ ਲਿਆ, ਉਹਨਾਂ ਦੇ ਮਨ ਵਿਚ ਸਦਾ ਚੜ੍ਹਦੀ ਕਲਾ ਬਣੀ ਰਹਿੰਦੀ ਹੈ।
20461	451	ਕੋਈ ਕਰਿ ਗਲ ਸੁਣਾਵੈ ਹਰਿ ਨਾਮ ਕੀ ਸੋ ਲਗੈ ਗੁਰਸਿਖਾ ਮਨਿ ਮਿਠਾ॥	ਮਿੱਠਾ	Koee Kar Gal Sunaavai Har Naam Kee So Lagai Gurasikhaa Man Mithaa ||	If someone recites to them the story of the Lord's Name, it seems so sweet to the mind of those Gursikhs.	ਜੇ ਕੋਈ ਮਨੁੱਖ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਗੱਲ ਆ ਸੁਣਾਏ ਤਾਂ ਉਹ ਮਨੁੱਖ ਗੁਰਸਿੱਖਾਂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ।

20462	451	ਹਰਿ ਦਰਗਹ ਗੁਰਸਿਖ ਪੈਨ੍ਹਾਈਅਹਿ ਜਿਨ੍ਹਾ ਮੇਰਾ ਸਤਿਗੁਰੁ ਤੁਠਾ॥	ਪੈਨ੍ਹਾਈ-ਅਹਿ। ਤੁੱਠਾ	Har Dharageh Gurasikh Painaaeeahi Jinhaa Maeraa Sathigur Thuthaa ||	The Gursikhs are robed in honor in the Court of the Lord; my True Guru is very pleased with them.	ਜਿਨ੍ਹਾਂ ਗੁਰਸਿੱਖਾਂ ਉਤੇ ਪਿਆਰਾ ਸਤਿਗੁਰੂ ਮੇਹਰਬਾਨ ਹੁੰਦਾ ਹੈ ਉਹਨਾਂ ਨੂੰ ਪਰਮਾਤਮਾ ਦੀ ਦਰਗਾਹ ਵਿਚ ਆਦਰ-ਮਾਣ ਮਿਲਦਾ ਹੈ।
20463	451	ਜਨ ਨਾਨਕੁ ਹਰਿ ਹਰਿ ਹੋਇਆ ਹਰਿ ਹਰਿ ਮਨਿ ਵੁਠਾ॥੪॥੧੨॥੧੯॥	ਵੁੱਠਾ	Jan Naanak Har Har Hoeiaa Har Har Man Vuthaa ||4||12||19||	Servant Nanak has become the Lord, Har, Har; the Lord, Har, Har, abides within his mind. ||4||12||19||	ਨਾਨਕ ਆਖਦਾ ਹੈ- ਉਹ ਗੁਰਸਿੱਖ ਪਰਮਾਤਮਾ ਦਾ ਰੂਪ ਹੋ ਜਾਂਦੇ ਹਨ ਪਰਮਾਤਮਾ ਉਹਨਾਂ ਦੇ ਮਨ ਵਿਚ ਸਦਾ ਵੱਸਿਆ ਰਹਿੰਦਾ ਹੈ ॥੪॥੧੨॥੧੯॥
20464	451	ਆਸਾ ਮਹਲਾ ੪॥		Aasaa Mehalaa 4 ||	Aasaa, Fourth Mehl:	
20465	451	ਜਿਨ੍ਹਾ ਭੇਟਿਆ ਮੇਰਾ ਪੂਰਾ ਸਤਿਗੁਰੂ ਤਿਨ ਹਰਿ ਨਾਮੁ ਦ੍ਰਿੜਾਵੈ ਰਾਮ ਰਾਜੇ॥	(ਭੇੱਟਿਆ) ਮਿਲੇ	Jinhaa Bhaettiaa Maeraa Pooraa Sathiguroo Thin Har Naam Dhrirraavai Raam Raajae ||	Those who meet my Perfect True Guru - He implants within them the Name of the Lord, the Lord King.	ਜਿਨ੍ਹਾਂ ਮਨੁੱਖਾਂ ਨੇ ਪਿਆਰੇ ਗੁਰੂ ਦਾ ਪੱਲਾ ਫੜ ਲਿਆ, ਗੁਰੂ ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਪੱਕਾ ਕਰ ਦੇਂਦਾ ਹੈ।

20466	451	ਤਿਸ ਕੀ ਤ੍ਰਿਸਨਾ ਭੁਖ ਸਭ ਉਤਰੈ ਜੋ ਹਰਿ ਨਾਮੁ ਧਿਆਵੈ॥		This Kee Thrisanaa Bhukh Sabh Outharai Jo Har Naam Dhhiaavai ||	Those who meditate on the Lord's Name have all of their desire and hunger removed.	ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ ਉਸ ਮਨੁੱਖ ਦੀ ਮਾਇਆ ਵਾਲੀ ਭੁੱਖ-ਤ੍ਰੇਹ ਸਾਰੀ ਦੂਰ ਹੋ ਜਾਂਦੀ ਹੈ।
20467	451	ਜੋ ਹਰਿ ਹਰਿ ਨਾਮੁ ਧਿਆਇਦੇ ਤਿਨ੍ ਜਮੁ ਨੇੜਿ ਨ ਆਵੈ॥		Jo Har Har Naam Dhhiaaeidhae Thinh Jam Naerr N Aavai ||	Those who meditate on the Name of the Lord, Har, Har - the Messenger of Death cannot even approach them.	ਜੇਹੜੇ ਮਨੁੱਖ ਸਦਾ ਪਰਮਾਤਮਾ ਦਾ ਨਾਮ ਸਿਮਰਦੇ ਰਹਿੰਦੇ ਹਨ, ਜਮ ਉਹਨਾਂ ਦੇ ਨੇੜੇ ਨਹੀਂ ਢੁਕਦਾ (ਆਤਮਕ ਮੌਤ ਉਹਨਾਂ ਉੱਤੇ ਆਪਣਾ ਪ੍ਰਭਾਵ ਨਹੀਂ ਪਾ ਸਕਦੀ)।
20468	451	ਜਨ ਨਾਨਕ ਕਉ ਹਰਿ ਕ੍ਰਿਪਾ ਕਰਿ ਨਿਤ ਜਪੈ ਹਰਿ ਨਾਮੁ ਹਰਿ ਨਾਮਿ ਤਰਾਵੈ॥੧॥		Jan Naanak Ko Har Kirapaa Kar Nith Japai Har Naam Har Naam Tharaavai ||1||	O Lord, shower Your Mercy upon servant Nanak, that he may ever chant the Name of the Lord; through the Name of the Lord, he is saved. ||1||	ਹੇ ਦਾਸ ਨਾਨਕ! ਜਿਸ ਤੇ ਪਰਮਾਤਮਾ ਕਿਰਪਾ ਕਰਦਾ ਹੈ, ਉਹ ਸਦਾ ਉਸ ਦਾ ਨਾਮ ਜਪਦਾ ਹੈ, ਤੇ, ਪਰਮਾਤਮਾ ਉਸ ਨੂੰ ਆਪਣੇ ਨਾਮ ਵਿਚ ਜੋੜ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੧॥
20469	451	ਜਿਨੀ ਗੁਰਮੁਖਿ ਨਾਮੁ ਧਿਆਇਆ ਤਿਨਾ ਫਿਰਿ ਬਿਘਨੁ ਨ ਹੋਈ ਰਾਮ ਰਾਜੇ॥		Jinee Guramukh Naam Dhhiaaeiaa Thinaa Fir Bighan N Hoee Raam Raajae ||	Those who, as Gurmukh, meditate on the Naam, meet no obstacles in their path, O Lord King.	ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰਦੇ ਹਨ, ਉਹਨਾਂ ਦੇ ਜੀਵਨ-ਸਫ਼ਰ ਵਿਚ ਮੁੜ (ਵਿਕਾਰਾਂ ਆਦਿਕ ਦੀ) ਕੋਈ ਰੁਕਾਵਟ ਨਹੀਂ ਪੈਂਦੀ।

20470	451	ਜਿਨੀ ਸਤਿਗੁਰੁ ਪੁਰਖੁ ਮਨਾਇਆ ਤਿਨ ਪੂਜੇ ਸਭੁ ਕੋਈ॥		Jinee Sathigur Purakh Manaaeiaa Thin Poojae Sabh Koee ||	Those who are pleasing to the almighty True Guru are worshipped by everyone.	ਜੇਹੜੇ ਮਨੁੱਖ (ਆਪਣਾ ਜੀਵਨ ਸੁੱਚਾ ਬਣਾ ਕੇ) ਸਮਰਥਾ ਵਾਲੇ ਗੁਰੂ ਨੂੰ ਪ੍ਰਸੰਨ ਕਰ ਲੈਂਦੇ ਹਨ, ਹਰੇਕ ਜੀਵ ਉਹਨਾਂ ਦਾ ਆਦਰ-ਸਤਕਾਰ ਕਰਦਾ ਹੈ।
20471	451	ਜਿਨ੍ਹੀ ਸਤਿਗੁਰੁ ਪਿਆਰਾ ਸੇਵਿਆ ਤਿਨ੍ਹਾ ਸੁਖੁ ਸਦ ਹੋਈ॥		Jinhee Sathigur Piaaraa Saeviaa Thinhaa Sukh Sadh Hoee ||	Those who serve their Beloved True Guru obtain eternal peace.	ਜੇਹੜੇ ਮਨੁੱਖ ਪਿਆਰੇ ਗੁਰੂ ਦੀ ਦੱਸੀ ਸੇਵਾ ਕਰਦੇ ਹਨ (ਗੁਰੂ ਦਾ ਆਸਰਾ ਲੈਂਦੇ ਹਨ) ਉਹਨਾਂ ਨੂੰ ਸਦਾ ਹੀ ਆਤਮਕ ਆਨੰਦ ਪ੍ਰਾਪਤ ਰਹਿੰਦਾ ਹੈ।
20472	451	ਜਿਨ੍ਹਾ ਨਾਨਕੁ ਸਤਿਗੁਰੁ ਭੇਟਿਆ ਤਿਨ੍ਹਾ ਮਿਲਿਆ ਹਰਿ ਸੋਈ॥੨॥	ਭੇੱਟਿਆ	Jinhaa Naanak Sathigur Bhaettiaa Thinhaa Miliaa Har Soee ||2||	Those who meet the True Guru, O Nanak - the Lord Himself meets them. ||2||	ਨਾਨਕ (ਆਖਦਾ ਹੈ) ਜੇਹੜੇ ਮਨੁੱਖ ਗੁਰੂ ਦਾ ਪੱਲਾ ਫੜਦੇ ਹਨ ਉਹਨਾਂ ਨੂੰ ਪਰਮਾਤਮਾ ਆਪ ਆ ਮਿਲਦਾ ਹੈ ॥੨॥
20473	451	ਜਿਨ੍ਹਾ ਅੰਤਰਿ ਗੁਰਮੁਖਿ ਪ੍ਰੀਤਿ ਹੈ ਤਿਨ੍ ਹਰਿ ਰਖਣਹਾਰਾ ਰਾਮ ਰਾਜੇ॥		Jinhaa Anthar Guramukh Preeth Hai Thinh Har Rakhanehaaraa Raam Raajae ||	Those Gurmukhs, who are filled with His Love, have the Lord as their Saving Grace, O Lord King.	ਗੁਰੂ ਦੇ ਦੱਸੇ ਰਸਤੇ ਤੁਰ ਕੇ ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦੀ ਪ੍ਰੀਤਿ ਪੈਦਾ ਹੋ ਜਾਂਦੀ ਹੈ, ਬਚਾਣ ਦੀ ਸਮਰਥਾ ਵਾਲਾ ਪਰਮਾਤਮਾ (ਉਹਨਾਂ ਨੂੰ ਵਿਕਾਰਾਂ ਤੋਂ ਬਚਾ ਲੈਂਦਾ ਹੈ।)

20474	451	ਤਿਨ੍ ਕੀ ਨਿੰਦਾ ਕੋਈ ਕਿਆ ਕਰੇ ਜਿਨ੍ ਹਰਿ ਨਾਮੁ ਪਿਆਰਾ॥		Thinh Kee Nindhaa Koee Kiaa Karae Jinh Har Naam Piaaraa ||	How can anyone slander them? The Lord's Name is dear to them.	ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਦਾ ਨਾਮ ਪਿਆਰਾ ਲੱਗਣ ਲੱਗ ਪੈਂਦਾ ਹੈ, ਕੋਈ ਮਨੁੱਖ ਉਹਨਾਂ ਦੀ ਨਿੰਦਾ ਨਹੀਂ ਕਰ ਸਕਦਾ ਕਿਉਂਕਿ ਕੋਈ ਨਿੰਦਣ-ਜੋਗ ਭੈੜ ਉਹਨਾਂ ਦੇ ਜੀਵਨ ਵਿਚ ਰਹਿ ਹੀ ਨਹੀਂ ਜਾਂਦਾ।
20475	451	ਜਿਨ ਹਰਿ ਸੇਤੀ ਮਨੁ ਮਾਨਿਆ ਸਭ ਦੁਸਟ ਝਖ ਮਾਰਾ॥	(ਸੇਤੀ) ਨਾਲ। ਝਖ:ਪੋਲਾ ਬੋਲੋ	Jin Har Saethee Man Maaniaa Sabh Dhusatt Jhakh Maaraa ||	Those whose minds are in harmony with the Lord - all their enemies attack them in vain.	ਸੋ ਜਿਨ੍ਹਾਂ ਦਾ ਮਨ ਪਰਮਾਤਮਾ ਨਾਲ ਗਿੱਝ ਜਾਂਦਾ ਹੈ, ਭੈੜੇ ਮਨੁੱਖ (ਉਹਨਾਂ ਨੂੰ ਬਦਨਾਮ ਕਰਨ ਲਈ ਐਵੇਂ) ਵਿਅਰਥ ਟੱਕਰਾਂ ਮਾਰਦੇ ਹਨ।
20476	451	ਜਨ ਨਾਨਕ ਨਾਮੁ ਧਿਆਇਆ ਹਰਿ ਰਖਣਹਾਰਾ॥੩॥		Jan Naanak Naam Dhhiaaeiaa Har Rakhanehaaraa ||3||	Servant Nanak meditates on the Naam, the Name of the Lord, the Lord Protector. ||3||	ਹੇ ਦਾਸ ਨਾਨਕ! (ਆਖ-) ਜੇਹੜੇ ਮਨੁੱਖ ਹਰਿ-ਨਾਮ ਸਿਮਰਦੇ ਹਨ, ਬਚਾਣ ਦੀ ਸਮਰਥਾ ਵਾਲਾ ਹਰੀ (ਉਹਨਾਂ ਨੂੰ ਵਿਕਾਰਾਂ ਤੋਂ ਬਚਾ ਲੈਂਦਾ ਹੈ) ॥੩॥
20477	451	ਹਰਿ ਜੁਗੁ ਜੁਗੁ ਭਗਤ ਉਪਾਇਆ ਪੈਜ ਰਖਦਾ ਆਇਆ ਰਾਮ ਰਾਜੇ॥	ਜੁੱਗੁ ਜੁੱਗੁ	Har Jug Jug Bhagath Oupaaeiaa Paij Rakhadhaa Aaeiaa Raam Raajae ||	In each and every age, He creates His devotees and preserves their honor, O Lord King.	ਪਰਮਾਤਮਾ ਹਰੇਕ ਜੁਗ ਵਿਚ ਹੀ ਭਗਤ ਪੈਦਾ ਕਰਦਾ ਹੈ, ਤੇ, (ਭੀੜਾ ਸਮੇ) ਉਹਨਾਂ ਦੀ ਇੱਜ਼ਤ ਰੱਖਦਾ ਆ ਰਿਹਾ ਹੈ।

20478	451	ਹਰਣਾਖਸੁ ਦੁਸਟੁ ਹਰਿ ਮਾਰਿਆ ਪ੍ਰਹਲਾਦੁ ਤਰਾਇਆ॥		Haranaakhas Dhusatt Har Maariaa Prehalaadh Tharaaeiaa ||	The Lord killed the wicked Harnaakhash, and saved Prahlaad.	(ਜਿਵੇਂ ਕਿ, ਪ੍ਰਹਿਲਾਦ ਦੇ ਜ਼ਾਲਮ ਪਿਤਾ) ਚੰਦਰੇ ਹਰਣਾਖ਼ੁਸ਼ ਨੂੰ ਪਰਮਾਤਮਾ ਨੇ (ਆਖ਼ਰ ਜਾਨੋਂ) ਮਾਰ ਦਿੱਤਾ (ਤੇ ਆਪਣੇ ਭਗਤ) ਪ੍ਰਹਿਲਾਦ ਨੂੰ (ਪਿਉ ਦੇ ਦਿੱਤੇ ਕਸ਼ਟਾਂ ਤੋਂ) ਸਹੀ ਸਲਾਮਤਿ ਬਚਾ ਲਿਆ।
20479	451	ਅਹੰਕਾਰੀਆ ਨਿੰਦਕਾ ਪਿਠਿ ਦੇਇ ਨਾਮਦੇਉ ਮੁਖਿ ਲਾਇਆ॥		Ahankaareeaa Nindhakaa Pith Dhaee Naamadhaeo Mukh Laaeiaa ||	He turned his back on the egotists and slanderers, and showed His Face to Naam Dayv.	(ਜਿਵੇਂ ਕਿ, ਮੰਦਰ ਵਿਚੋਂ ਧੱਕੇ ਦੇਣ ਵਾਲੇ) ਨਿੰਦਕਾਂ ਤੇ (ਜਾਤਿ-) ਅਭਿਮਾਨੀਆਂ ਨੂੰ (ਪਰਮਾਤਮਾ ਨੇ) ਪਿੱਠ ਦੇ ਕੇ (ਆਪਣੇ ਭਗਤ) ਨਾਮਦੇਵ ਨੂੰ ਦਰਸ਼ਨ ਦਿੱਤਾ।
20480	451	ਜਨ ਨਾਨਕ ਐਸਾ ਹਰਿ ਸੇਵਿਆ ਅੰਤਿ ਲਏ ਛਡਾਇਆ॥੪॥੧੩॥੨੦॥		Jan Naanak Aisaa Har Saeviaa Anth Leae Shhaddaaeiaa ||4||13||20||	Servant Nanak has so served the Lord, that He will deliver him in the end. ||4||13||20||	ਹੇ ਦਾਸ ਨਾਨਕ! ਜੇਹੜਾ ਭੀ ਮਨੁੱਖ ਇਹੋ ਜਿਹੀ ਸਮਰਥਾ ਵਾਲੇ ਪਰਮਾਤਮਾ ਦੀ ਸੇਵਾ-ਭਗਤੀ ਕਰਦਾ ਹੈ ਪਰਮਾਤਮਾ ਉਸ ਨੂੰ (ਦੋਖੀਆਂ ਵਲੋਂ ਦਿੱਤੇ ਜਾ ਰਹੇ ਸਭ ਕਸ਼ਟਾਂ ਤੋਂ) ਆਖ਼ਰ ਬਚਾ ਲੈਂਦਾ ਹੈ ॥੪॥੧੩॥੨੦॥
20481	451	ਆਸਾ ਮਹਲਾ ੪ ਛੰਤ ਘਰੁ ੫		Aasaa Mehalaa 4 Shhanth Ghar 5	Aasaa, Fourth Mehl, Chhant, Fifth House:	ਰਾਗ ਆਸਾ, ਘਰ ੫ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਛੰਤ'।
20482	451	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

20483	451	ਮੇਰੇ ਮਨ ਪਰਦੇਸੀ ਵੇ ਪਿਆਰੇ ਆਉ ਘਰੇ॥		Maerae Man Paradhaesee Vae Piaarae Aao Gharae ||	O my dear beloved stranger mind, please come home!	ਹੇ ਥਾਂ ਥਾਂ ਭਟਕ ਰਹੇ ਮਨ! ਹੇ ਪਿਆਰੇ ਮਨ! ਕਦੇ ਤਾਂ ਪ੍ਰਭੂ-ਚਰਨਾਂ ਵਿਚ ਜੁੜ।
20484	451	ਹਰਿ ਗੁਰੂ ਮਿਲਾਵਹੁ ਮੇਰੇ ਪਿਆਰੇ ਘਰਿ ਵਸੈ ਹਰੇ॥		Har Guroo Milaavahu Maerae Piaarae Ghar Vasai Harae ||	Meet with the Lord-Guru, O my dear beloved, and He will dwell in the home of your self.	ਹੇ ਮੇਰੇ ਪਿਆਰੇ ਮਨ! ਹਰਿ-ਰੂਪ ਗੁਰੂ ਨੂੰ ਮਿਲ (ਤੈਨੂੰ ਸਮਝ ਪੈ ਜਾਇਗੀ ਕਿ ਸਭ ਸੁਖਾਂ ਦਾ ਦਾਤਾ) ਪਰਮਾਤਮਾ ਤੇਰੇ ਅੰਦਰ ਹੀ ਵੱਸ ਰਿਹਾ ਹੈ।
20485	451	ਰੰਗਿ ਰਲੀਆ ਮਾਣਹੁ ਮੇਰੇ ਪਿਆਰੇ ਹਰਿ ਕਿਰਪਾ ਕਰੇ॥	(ਰਲੀਆ) ਮੌਜਾਂ	Rang Raleeaa Maanahu Maerae Piaarae Har Kirapaa Karae ||	Revel in His Love, O my dear beloved, as the Lord bestows His Mercy.	ਹੇ ਮੇਰੇ ਪਿਆਰੇ ਮਨ! ਪ੍ਰਭੂ ਦੇ ਪ੍ਰੇਮ ਵਿਚ ਟਿਕ ਕੇ ਆਤਮਕ ਆਨੰਦ ਮਾਣ (ਅਰਦਾਸ ਕਰਦਾ ਰਹੁ ਕਿ ਤੇਰੇ ਉਤੇ) ਪ੍ਰਭੂ ਇਹ ਮੇਹਰ (ਦੀ ਦਾਤਿ) ਕਰੇ।
20486	451	ਗੁਰੁ ਨਾਨਕੁ ਤੁਠਾ ਮੇਰੇ ਪਿਆਰੇ ਮੇਲੇ ਹਰੇ॥੧॥	ਤੁੱਠਾ	Gur Naanak Thuthaa Maerae Piaarae Maelae Harae ||1||	As Guru Nanak is pleased, O my dear beloved, we are united with the Lord. ||1||	ਨਾਨਕ (ਆਖਦਾ ਹੈ-) ਹੇ ਮੇਰੇ ਪਿਆਰੇ ਮਨ! ਜਿਸ ਮਨੁੱਖ ਉਤੇ ਗੁਰੂ ਦਇਆਵਾਨ ਹੁੰਦਾ ਹੈ ਉਸ ਨੂੰ ਪਰਮਾਤਮਾ ਨਾਲ ਮਿਲਾ ਦੇਂਦਾ ਹੈ ॥੧॥
20487	451	ਮੈ ਪ੍ਰੇਮੁ ਨ ਚਾਖਿਆ ਮੇਰੇ ਪਿਆਰੇ ਭਾਉ ਕਰੇ॥		Mai Praem N Chaakhiaa Maerae Piaarae Bhaao Karae ||	I have not tasted divine love, O my dear beloved, within my heart.	ਹੇ ਮੇਰੇ ਪਿਆਰੇ! ਮੈਂ (ਪ੍ਰਭੂ-ਚਰਨਾਂ ਵਿਚ) ਪ੍ਰੇਮ ਜੋੜ ਕੇ ਉਸ ਦੇ ਪਿਆਰ ਦਾ ਸੁਆਦ (ਕਦੇ ਭੀ) ਨਹੀਂ ਚੱਖਿਆ,

20488	451	ਮਨਿ ਤ੍ਰਿਸਨਾ ਨ ਬੁਝੀ ਮੇਰੇ ਪਿਆਰੇ ਨਿਤ ਆਸ ਕਰੇ॥	ਬੁਝੀ: ਪੋਲਾ ਬੋਲੋ	Man Thrisanaa N Bujhee Maerae Piaarae Nith Aas Karae ||	The mind's desires are not quenched, O my dear beloved, but I still hold out hope.	(ਕਿਉਂਕਿ) ਹੇ ਮੇਰੇ ਪਿਆਰੇ! ਮੇਰੇ ਮਨ ਵਿਚ (ਵੱਸ ਰਹੀ ਮਾਇਆ ਦੀ) ਤ੍ਰਿਸ਼ਨਾ ਕਦੇ ਮੁੱਕੀ ਹੀ ਨਹੀਂ, (ਮੇਰਾ ਮਨ) ਸਦਾ (ਮਾਇਆ ਦੀਆਂ ਹੀ) ਆਸਾਂ ਬਣਾਂਦਾ ਰਹਿੰਦਾ ਹੈ।
20489	451	ਨਿਤ ਜੋਬਨੁ ਜਾਵੈ ਮੇਰੇ ਪਿਆਰੇ ਜਮੁ ਸਾਸ ਹਿਰੇ॥	(ਹਿਰੇ) ਚੁਰਾਉਂਦਾ	Nith Joban Jaavai Maerae Piaarae Jam Saas Hirae ||	Youth is passing away, O my dear beloved, and death is stealing away the breath of life.	ਹੇ ਮੇਰੇ ਪਿਆਰੇ! ਸਦਾ (ਇਸੇ ਹਾਲਤ ਵਿਚ ਹੀ) ਮੇਰੀ ਜਵਾਨੀ ਲੰਘਦੀ ਜਾ ਰਹੀ ਹੈ ਤੇ ਮੌਤ ਦਾ ਦੇਵਤਾ ਮੇਰੇ ਸੁਆਸਾਂ ਨੂੰ (ਗਹੁ ਨਾਲ) ਤੱਕ ਰਿਹਾ ਹੈ (ਕਿ ਸੁਆਸ ਪੂਰੇ ਹੋਣ ਤੇ ਇਸ ਨੂੰ ਆ ਫੜਾਂ)।
20490	451	ਭਾਗ ਮਣੀ ਸੋਹਾਗਣਿ ਮੇਰੇ ਪਿਆਰੇ ਨਾਨਕ ਹਰਿ ਉਰਿ ਧਾਰੇ॥੨॥		Bhaag Manee Sohaagan Maerae Piaarae Naanak Har Our Dhhaarae ||2||	The virtuous bride realizes the good fortune of her destiny, O my dear beloved; O Nanak, she enshrines the Lord within her heart. ||2||	ਹੇ ਨਾਨਕ! (ਆਖ-) ਹੇ ਮੇਰੇ ਪਿਆਰੇ! ਉਹੀ ਜੀਵ-ਇਸਤ੍ਰੀ ਭਾਗਾਂ ਵਾਲੀ ਬਣਦੀ ਹੈ ਉਸ ਦੇ ਮੱਥੇ ਉਤੇ ਭਾਗਾਂ ਦੀ ਮਣੀ ਚਮਕਦੀ ਹੈ ਜੇਹੜੀ ਪਰਮਾਤਮਾ (ਦੀ ਯਾਦ) ਆਪਣੇ ਹਿਰਦੇ ਵਿਚ ਟਿਕਾਈ ਰੱਖਦੀ ਹੈ ॥੨॥
20491	452	ਪਿਰ ਰਤਿਅੜੇ ਮੈਡੇ ਲੋਇਣ ਮੇਰੇ ਪਿਆਰੇ ਚਾਤ੍ਰਿਕ ਬੂੰਦ ਜਿਵੈ॥	ਰੱਤਿਅੜੇ। ਚਾਤ੍ਰਿਕ	Pir Rathiarrae Maiddae Loein Maerae Piaarae Chaathrik Boondh Jivai ||	My eyes are drenched with the Love of my Husband Lord, O my dear beloved, like the song-bird with the rain drop.	ਹੇ ਮੇਰੇ ਪਿਆਰੇ! ਮੇਰੀਆਂ ਅੱਖਾਂ ਪ੍ਰਭੂ-ਪਤੀ ਦੇ ਦਰਸ਼ਨ ਵਿਚ ਮਸਤ ਹਨ ਜਿਵੇਂ ਪਪੀਹਾ (ਸ੍ਵਾਂਤੀ ਵਰਖਾ ਦੀ) ਬੂੰਦ (ਲਈ ਤਾਂਘਦਾ ਹੈ)।

20492	452	ਮਨੁ ਸੀਤਲੁ ਹੋਆ ਮੇਰੇ ਪਿਆਰੇ ਹਰਿ ਬੂੰਦ ਪੀਵੈ॥		Man Seethal Hoaa Maerae Piaarae Har Boondh Peevai ||	My mind is cooled and soothed, O my dear beloved, by drinking in the rain drops of the Lord.	ਹੇ ਮੇਰੇ ਪਿਆਰੇ! ਜਦੋਂ ਮੇਰਾ ਮਨ ਪਰਮਾਤਮਾ ਦੇ ਨਾਮ-ਜਲ ਦੀ ਬੂੰਦ ਪੀਂਦਾ ਹੈ ਤਾਂ ਠੰਢਾ-ਠਾਰ ਹੋ ਜਾਂਦਾ ਹੈ।
20493	452	ਤਨਿ ਬਿਰਹੁ ਜਗਾਵੈ ਮੇਰੇ ਪਿਆਰੇ ਨੀਦ ਨ ਪਵੈ ਕਿਵੈ॥	(ਬਿਰਹੁ) ਵਿਛੋੜੇ ਦਾ ਦਰਦ	Than Birahu Jagaavai Maerae Piaarae Needh N Pavai Kivai ||	Separation from my Lord keeps my body awake, O my dear beloved; I cannot sleep at all.	ਹੇ ਮੇਰੇ ਪਿਆਰੇ! ਮੇਰੇ ਸਰੀਰ ਵਿਚ ਉਪਜਿਆ ਹੋਇਆ ਵਿਛੋੜੇ ਦਾ ਦਰਦ ਮੈਨੂੰ ਜਗਾਈ ਰੱਖਦਾ ਹੈ, ਕਿਸੇ ਤਰ੍ਹਾਂ ਭੀ ਮੈਨੂੰ ਨੀਂਦ ਨਹੀਂ ਪੈਂਦੀ।
20494	452	ਹਰਿ ਸਜਣੁ ਲਧਾ ਮੇਰੇ ਪਿਆਰੇ ਨਾਨਕ ਗੁਰੂ ਲਿਵੈ॥੩॥	ਸੱਜਣੁ। ਲੱਧਾ	Har Sajan Ladhhaa Maerae Piaarae Naanak Guroo Livai ||3||	Nanak has found the Lord, the True Friend, O my dear beloved, by loving the Guru. ||3||	ਹੇ ਨਾਨਕ! (ਆਖ-) ਹੇ ਮੇਰੇ ਪਿਆਰੇ! ਗੁਰੂ ਦੀ ਬਖ਼ਸ਼ੀ ਲਗਨ ਦੀ ਬਰਕਤਿ ਨਾਲ ਮੈਂ ਸੱਜਣ ਪ੍ਰਭੂ ਨੂੰ (ਆਪਣੇ ਅੰਦਰ ਹੀ) ਲੱਭ ਲਿਆ ਹੈ ॥੩॥
20495	452	ਚੜਿ ਚੇਤੁ ਬਸੰਤੁ ਮੇਰੇ ਪਿਆਰੇ ਭਲੀਅ ਰੁਤੇ॥	ਚੜ੍ਹਿ। ਰੁੱਤੇ	Charr Chaeth Basanth Maerae Piaarae Bhaleea Ruthae ||	In the month of Chayt, O my dear beloved, the pleasant season of spring begins.	ਹੇ ਮੇਰੇ ਪਿਆਰੇ! ਚੇਤ (ਦਾ ਮਹੀਨਾ) ਚੜ੍ਹਦਾ ਹੈ, ਬਸੰਤ (ਦਾ ਮੌਸਮ) ਆਉਂਦਾ ਹੈ, (ਸਾਰਾ ਸੰਸਾਰ ਆਖਦਾ ਹੈ ਕਿ ਇਹ) ਸੋਹਣੀ ਰੁੱਤ (ਆ ਗਈ ਹੈ, ਪਰ)
20496	452	ਪਿਰ ਬਾਝੜਿਅਹੁ ਮੇਰੇ ਪਿਆਰੇ ਆਂਗਣਿ ਧੂੜਿ ਲੁਤੇ॥	ਬਾਝੜਿ-ਅਹੁ। ਹਿਰਦੇ ਰੂਪੀ (ਆਂਗਣਿ) ਵਿਹੜੇ। (ਲੁਤੇ) ਉੱਡਦੀ। ਪੋਲਾ	Pir Baajharriahu Maerae Piaarae Aangan Dhoorr Luthae ||	But without my Husband Lord, O my dear beloved, my courtyard is filled with dust.	ਹੇ ਮੇਰੇ ਪਿਆਰੇ! ਪ੍ਰਭੂ-ਪਤੀ (ਦੇ ਮਿਲਾਪ) ਤੋਂ ਬਿਨਾ (ਮੇਰੇ ਹਿਰਦੇ ਦੇ) ਵੇਹੜੇ ਵਿਚ ਧੂੜ ਉੱਡ ਰਹੀ ਹੈ।

20497	452	ਮਨਿ ਆਸ ਉਡੀਣੀ ਮੇਰੇ ਪਿਆਰੇ ਦੁਇ ਨੈਨ ਜੁਤੇ॥	(ਉਡੀਣੀ) ਉਦਾਸ। (ਜੁਤੇ)ਜੁੜੇ।ਜੁਤੇ:ਪੋਲਾ ਬੋਲੋ	Man Aas Ouddeenee Maerae Piaarae Dhue Nain Juthae ||	But my sad mind is still hopeful, O my dear beloved; my eyes are both fixed upon Him.	ਹੇ ਮੇਰੇ ਪਿਆਰੇ! ਮੇਰੇ ਮਨ ਵਿਚ (ਪ੍ਰਭੂ-ਮਿਲਾਪ ਦੀ) ਆਸ ਉੱਠ ਰਹੀ ਹੈ, (ਮੈਂ ਦੁਨੀਆ ਦੇ ਭਾ ਦੀ ਸੋਹਣੀ ਬਸੰਤ ਰੁੱਤ ਵਲੋਂ) ਉਦਾਸ ਹਾਂ, ਮੇਰੀਆਂ ਦੋਵੇਂ ਅੱਖਾਂ (ਬਸੰਤ ਦੇ ਖੇੜੇ ਨੂੰ ਵੇਖਣ ਦੇ ਥਾਂ ਪ੍ਰਭੂ-ਪਤੀ ਦੇ ਦਰਸਨ ਦੀ ਉਡੀਕ ਵਿਚ) ਜੁੜੀਆਂ ਪਈਆਂ ਹਨ।
20498	452	ਗੁਰੁ ਨਾਨਕੁ ਦੇਖਿ ਵਿਗਸੀ ਮੇਰੇ ਪਿਆਰੇ ਜਿਉ ਮਾਤ ਸੁਤੇ॥੪॥	(ਸੁੱਤੇ) ਪੁੱਤ	Gur Naanak Dhaekh Vigasee Maerae Piaarae Jio Maath Suthae ||4||	Beholding the Guru, Nanak is filled with wondrous joy, like a child, gazing upon his mother. ||4||	ਨਾਨਕ (ਆਖਦਾ ਹੈ-ਹੁਣ) ਹੇ ਮੇਰੇ ਪਿਆਰੇ! ਗੁਰੂ ਨਾਨਕ ਨੂੰ ਵੇਖ ਕੇ (ਮੇਰੀ ਜਿੰਦ ਇਉਂ) ਖਿੜ ਪਈ ਹੈ ਜਿਵੇਂ ਮਾਂ ਆਪਣੇ ਪੁੱਤਰ ਨੂੰ ਵੇਖ ਕੇ ਖਿੜ ਪੈਂਦੀ ਹੈ ॥੪॥
20499	452	ਹਰਿ ਕੀਆ ਕਥਾ ਕਹਾਣੀਆ ਮੇਰੇ ਪਿਆਰੇ ਸਤਿਗੁਰੂ ਸੁਣਾਈਆ॥		Har Keeaa Kathhaa Kehaaneeaa Maerae Piaarae Sathiguroo Sunaaeeaa ||	The True Guru has preached the sermon of the Lord, O my dear beloved.	ਹੇ ਮੇਰੇ ਪਿਆਰੇ! ਮੈਨੂੰ ਗੁਰੂ ਨੇ ਪਰਮਾਤਮਾ ਦੀਆਂ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਾਈਆਂ ਹਨ,
20500	452	ਗੁਰ ਵਿਟੜਿਅਹੁ ਹਉ ਘੋਲੀ ਮੇਰੇ ਪਿਆਰੇ ਜਿਨਿ ਹਰਿ ਮੇਲਾਈਆ॥	(ਵਿਟ-ੜਿਅਹੁ) ਤੋਂ। (ਘੋਲੀ) ਸਦਕੇ। ਮੇਲਾਈ-ਆ	Gur Vittarriahu Ho Gholee Maerae Piaarae Jin Har Maelaaeeaa ||	I am a sacrifice to the Guru, O my dear beloved, who has united me with the Lord.	ਮੈਂ ਉਸ ਗੁਰੂ ਤੋਂ ਸਦਕੇ ਜਾਂਦੀ ਹਾਂ ਜਿਸ ਨੇ ਮੈਨੂੰ ਪ੍ਰਭੂ-ਪਤੀ ਦੇ ਚਰਨਾਂ ਵਿਚ ਜੋੜ ਦਿੱਤਾ ਹੈ।

20501	452	ਸਭਿ ਆਸਾ ਹਰਿ ਪੂਰੀਆ ਮੇਰੇ ਪਿਆਰੇ ਮਨਿ ਚਿੰਦਿਅੜਾ ਫਲੁ ਪਾਇਆ॥	(ਚਿੰਦਿਅੜਾ) ਇੱਛਤ	Sabh Aasaa Har Pooreeaa Maerae Piaarae Man Chindhiarraa Fal Paaeiaa ||	The Lord has fulfilled all my hopes, O my dear beloved; I have obtained the fruits of my heart's desires.	ਹੇ ਮੇਰੇ ਪਿਆਰੇ! ਪ੍ਰਭੂ ਨੇ ਮੇਰੀਆਂ ਸਾਰੀਆਂ ਆਸਾਂ ਪੂਰੀਆਂ ਕਰ ਦਿੱਤੀਆਂ ਹਨ, ਪ੍ਰਭੂ ਪਾਸੇ ਮੈਂ ਮਨ-ਚਿਤਵਿਆ ਫਲ ਪਾ ਲਿਆ ਹੈ।
20502	452	ਹਰਿ ਤੁਠੜਾ ਮੇਰੇ ਪਿਆਰੇ ਜਨੁ ਨਾਨਕੁ ਨਾਮਿ ਸਮਾਇਆ॥੫॥	(ਤੁੱਠੜਾ) ਪ੍ਰਸੰਨ	Har Thutharraa Maerae Piaarae Jan Naanak Naam Samaaeiaa ||5||	When the Lord is pleased, O my dear beloved, servant Nanak is absorbed into the Naam. ||5||	ਨਾਨਕ (ਆਖਦਾ ਹੈ-) ਹੇ ਮੇਰੇ ਪਿਆਰੇ! ਜਿਸ (ਵਡ-ਭਾਗੀ ਮਨੁੱਖ ਉਤੇ) ਪਰਮਾਤਮਾ ਦਇਆਵਾਨ ਹੁੰਦਾ ਹੈ ਉਹ ਪਰਮਾਤਮਾ ਦੇ ਨਾਮ ਵਿਚ ਲੀਨ ਹੋ ਜਾਂਦਾ ਹੈ ॥੫॥
20503	452	ਪਿਆਰੇ ਹਰਿ ਬਿਨੁ ਪ੍ਰੇਮੁ ਨ ਖੇਲਸਾ॥	ਖੇਲਸਾਂ	Piaarae Har Bin Praem N Khaelasaa ||	Without the Beloved Lord, there is no play of love.	ਹੇ ਪਿਆਰੇ! ਪਰਮਾਤਮਾ ਤੋਂ ਬਿਨਾ (ਕਿਸੇ ਹੋਰ ਨਾਲ) ਮੈਂ ਪ੍ਰੇਮ (ਦੀ ਖੇਡ) ਨਹੀਂ ਖੇਡਾਂਗੀ।
20504	452	ਕਿਉ ਪਾਈ ਗੁਰੁ ਜਿਤੁ ਲਗਿ ਪਿਆਰਾ ਦੇਖਸਾ॥	ਦੇਖਸਾਂ	Kio Paaee Gur Jith Lag Piaaraa Dhaekhasaa ||	How can I find the Guru? Grasping hold of Him, I behold my Beloved.	(ਹੇ ਪਿਆਰੇ! ਦੱਸ) ਮੈਂ ਕਿਵੇਂ ਗੁਰੂ ਨੂੰ ਲੱਭਾਂ ਜਿਸ ਦੀ ਰਾਹੀਂ ਹੀ ਮੈਂ ਤੇਰਾ ਦਰਸ਼ਨ ਕਰ ਸਕਾਂਗੀ।
20505	452	ਹਰਿ ਦਾਤੜੇ ਮੇਲਿ ਗੁਰੂ ਮੁਖਿ ਗੁਰਮੁਖਿ ਮੇਲਸਾ॥	ਦੱਾਤੜੇ। ਮੇਲਸਾਂ	Har Dhaatharrae Mael Guroo Mukh Guramukh Maelasaa ||	O Lord, O Great Giver, let me meet the Guru; as Gurmukh, may I merge with You.	ਹੇ ਪਿਆਰੇ ਦਾਤਾਰ ਹਰੀ! ਮੈਨੂੰ ਗੁਰੂ ਮਿਲਾ, ਗੁਰੂ ਦੀ ਰਾਹੀਂ ਹੀ ਮੈਂ ਤੇਰਾ ਦਰਸਨ ਕਰ ਸਕਾਂਗੀ।

20506	452	ਗੁਰੁ ਨਾਨਕੁ ਪਾਇਆ ਮੇਰੇ ਪਿਆਰੇ ਧੁਰਿ ਮਸਤਕਿ ਲੇਖੁ ਸਾ॥੬॥੧੪॥੨੧॥		Gur Naanak Paaeiaa Maerae Piaarae Dhhur Masathak Laekh Saa ||6||14||21||	Nanak has found the Guru, O my dear beloved; such was the destiny inscribed upon his forehead. ||6||14||21||	ਨਾਨਕ (ਆਖਦਾ ਹੈ-) ਹੇ ਮੇਰੇ ਪਿਆਰੇ! (ਜਿਸ ਵਡ-ਭਾਗੀ ਦੇ) ਮੱਥੇ ਉਤੇ ਧੁਰ ਦਰਗਾਹ ਤੋਂ (ਪ੍ਰਭੂ-ਮਿਲਾਪ ਦਾ) ਲੇਖ ਲਿਖਿਆ ਹੁੰਦਾ ਹੈ ਉਸ ਨੂੰ ਗੁਰੂ ਮਿਲ ਪੈਂਦਾ ਹੈ ॥੬॥੧੪॥੨੧॥
20507	452	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਰਾਗ ਆਸਾ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ'।
20508	452	ਰਾਗੁ ਆਸਾ ਮਹਲਾ ੫ ਛੰਤੁ ਘਰੁ ੧॥		Raag Aasaa Mehalaa 5 Shhanth Ghar 1 ||	Raag Aasaa, Fifth Mehl, Chhant, First House:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
20509	452	ਅਨਦੋ ਅਨਦੁ ਘਣਾ ਮੈ ਸੋ ਪ੍ਰਭੁ ਡੀਠਾ ਰਾਮ॥	ਅਨ-ਦੋ। ਅਨ-ਦੁ	Anadho Anadh Ghanaa Mai So Prabh Ddeethaa Raam ||	Joy - great joy! I have seen the Lord God!	(ਮੇਰੇ ਹਿਰਦੇ-ਘਰ ਵਿਚ) ਆਨੰਦ ਹੀ ਆਨੰਦ ਬਣ ਗਿਆ ਹੈ (ਕਿਉਂਕਿ) ਮੈਂ ਉਸ ਪ੍ਰਭੂ ਦਾ ਦਰਸ਼ਨ ਕਰ ਲਿਆ ਹੈ (ਜੋ ਆਨੰਦ ਦਾ ਸੋਮਾ ਹੈ),
20510	452	ਚਾਖਿਅੜਾ ਚਾਖਿਅੜਾ ਮੈ ਹਰਿ ਰਸੁ ਮੀਠਾ ਰਾਮ॥		Chaakhiarraa Chaakhiarraa Mai Har Ras Meethaa Raam ||	Tasted - I have tasted the sweet essence of the Lord.	ਅਤੇ ਮੈਂ ਪਰਮਾਤਮਾ ਦੇ ਨਾਮ ਦਾ ਮਿੱਠਾ ਰਸ ਚੱਖ ਲਿਆ ਹੈ।

20511	452	ਹਰਿ ਰਸੁ ਮੀਠਾ ਮਨ ਮਹਿ ਵੂਠਾ ਸਤਿਗੁਰੁ ਤੂਠਾ ਸਹਜੁ ਭਇਆ॥	(ਵੂੱਠਾ) ਵਸਿਆ। (ਤੂੱਠਾ) ਪ੍ਰਸੰਨ	Har Ras Meethaa Man Mehi Voothaa Sathigur Thoothaa Sehaj Bhaeiaa ||	The sweet essence of the Lord has rained down in my mind; by the pleasure of the True Guru, I have attained peaceful ease.	ਪਰਮਾਤਮਾ ਦੇ ਨਾਮ ਦਾ ਮਿੱਠਾ ਰਸ ਮੇਰੇ ਮਨ ਵਿਚ ਆ ਵੱਸਿਆ ਹੈ (ਕਿਉਂਕਿ) ਸਤਿਗੁਰੂ (ਮੇਰੇ ਉਤੇ) ਦਇਆਵਾਨ ਹੋ ਗਿਆ ਹੈ (ਗੁਰੂ ਦੀ ਮੇਹਰ ਨਾਲ ਮੇਰੇ ਅੰਦਰ) ਆਤਮਕ ਅਡੋਲਤਾ ਪੈਦਾ ਹੋ ਗਈ ਹੈ।
20512	452	ਗ੍ਰਿਹੁ ਵਸਿ ਆਇਆ ਮੰਗਲੁ ਗਾਇਆ ਪੰਚ ਦੁਸਟ ਓਇ ਭਾਗਿ ਗਇਆ॥	ਵੱਸਿ।ਗ–ਇਆ	Grihu Vas Aaeiaa Mangal Gaaeiaa Panch Dhusatt Oue Bhaag Gaeiaa ||	I have come to dwell in the home of my own self, and I sing the songs of joy; the five villains have fled.	ਹੁਣ ਮੇਰਾ (ਹਿਰਦਾ) ਘਰ ਵੱਸ ਪਿਆ ਹੈ (ਮੇਰੇ ਗਿਆਨ-ਇੰਦ੍ਰੇ) ਖ਼ੁਸ਼ੀ ਦਾ ਗੀਤ ਗਾ ਰਹੇ ਹਨ (ਮੇਰੇ ਹਿਰਦੇ-ਘਰ ਵਿਚੋਂ) ਉਹ (ਕਾਮਾਦਿਕ) ਪੰਜ ਵੈਰੀ ਨੱਸ ਗਏ ਹਨ।
20513	452	ਸੀਤਲ ਆਘਾਣੇ ਅੰਮ੍ਰਿਤ ਬਾਣੇ ਸਾਜਨ ਸੰਤ ਬਸੀਠਾ॥	(ਸੀਤਲ) ਠੰਢੇ। (ਆਘਾਣੇ) ਰੱਜ ਗਏ। (ਬਸੀਠਾ) ਵਿਚੋਲਾ	Seethal Aaghaanae Anmrith Baanae Saajan Santh Baseethaa ||	I am soothed and satisfied with the Ambrosial Bani of His Word; the friendly Saint is my advocate.	(ਜਦੋਂ ਦਾ) ਮਿੱਤਰ ਗੁਰੂ (ਪਰਮਾਤਮਾ ਨਾਲ ਮਿਲਾਣ ਵਾਸਤੇ) ਵਕੀਲ ਬਣਿਆ ਹੈ, ਉਸ ਦੀ ਆਤਮਕ ਜੀਵਨ ਦੇਣ ਵਾਲੀ ਬਾਣੀ ਦੀ ਬਰਕਤਿ ਨਾਲ ਮੇਰੇ ਗਿਆਨ-ਇੰਦ੍ਰੇ ਠੰਢੇ-ਠਾਰ ਹੋ ਗਏ ਹਨ (ਮਾਇਕ ਪਦਾਰਥਾਂ ਵਲੋਂ) ਰੱਜ ਗਏ ਹਨ।

20514	452	ਕਹੁ ਨਾਨਕ ਹਰਿ ਸਿਉ ਮਨੁ ਮਾਨਿਆ ਸੋ ਪ੍ਰਭੁ ਨੈਣੀ ਡੀਠਾ॥੧॥		Kahu Naanak Har Sio Man Maaniaa So Prabh Nainee Ddeethaa ||1||	Says Nanak, my mind is in harmony with the Lord; I have seen God with my eyes. ||1||	ਨਾਨਕ ਆਖਦਾ ਹੈ- ਮੇਰਾ ਮਨ ਹੁਣ ਪਰਮਾਤਮਾ ਨਾਲ ਗਿੱਝ ਗਿਆ ਹੈ, ਮੈਂ ਉਸ ਪਰਮਾਤਮਾ ਨੂੰ (ਆਪਣੀਆਂ) ਅੱਖਾਂ ਨਾਲ ਵੇਖ ਲਿਆ ਹੈ ॥੧॥
20515	452	ਸੋਹਿਅੜੇ ਸੋਹਿਅੜੇ ਮੇਰੇ ਬੰਕ ਦੁਆਰੇ ਰਾਮ॥	(ਸੋਹਿਅੜੇ) ਸੋਭਨੀਕ। (ਬੰਕ) ਸੁੰਦਰ। (ਦੁਆਰੇ) ਗਿਆਨ ਇੰਦ੍ਰੇ	Sohiarrae Sohiarrae Maerae Bank Dhuaarae Raam ||	Adorned - adorned are my beauteous gates, O Lord.	(ਹੇ ਸਖੀ! ਮੇਰੇ ਹਿਰਦੇ-ਘਰ ਦੇ ਸਾਰੇ ਦਰਵਾਜ਼ੇ) ਮੇਰੇ ਗਿਆਨ-ਇੰਦ੍ਰੇ ਸੋਹਣੇ ਹੋ ਗਏ ਹਨ ਸੋਭਨੀਕ ਹੋ ਗਏ ਹਨ,
20516	452	ਪਾਹੁਨੜੇ ਪਾਹੁਨੜੇ ਮੇਰੇ ਸੰਤ ਪਿਆਰੇ ਰਾਮ॥	(ਪਾਹੁਨੜੇ) ਪ੍ਰਾਹੁਣੇ	Paahunarrae Paahunarrae Maerae Santh Piaarae Raam ||	Guests - my guests are the Beloved Saints, O Lord.	(ਕਿਉਂਕਿ ਮੇਰੇ ਹਿਰਦੇ-ਘਰ ਵਿਚ) ਮੇਰੀ ਜਿੰਦ ਦੇ ਸਾਈਂ ਮੇਰੇ ਸੰਤ-ਪ੍ਰਭੂ ਜੀ ਆ ਬਿਰਾਜੇ ਹਨ।
20517	452	ਸੰਤ ਪਿਆਰੇ ਕਾਰਜ ਸਾਰੇ ਨਮਸਕਾਰ ਕਰਿ ਲਗੇ ਸੇਵਾ॥	(ਸਾਰੇ) ਸਵਾਰੇ	Santh Piaarae Kaaraj Saarae Namasakaar Kar Lagae Saevaa ||	The Beloved Saints have resolved my affairs; I humbly bowed to them, and committed myself to their service.	ਮੇਰੇ ਪਿਆਰੇ ਸੰਤ-ਪ੍ਰਭੂ ਜੀ ਮੇਰੇ ਕੰਮ ਸਾਰੇ ਸੰਵਾਰ ਰਹੇ ਹਨ (ਮੇਰੇ ਸਾਰੇ ਗਿਆਨ-ਇੰਦ੍ਰੇ ਉਸ ਸੰਤ-ਪ੍ਰਭੂ ਨੂੰ) ਨਮਸਕਾਰ ਕਰ ਕੇ ਉਸ ਦੀ ਸੇਵਾ-ਭਗਤੀ ਵਿਚ ਲੱਗ ਗਏ ਹਨ।
20518	452	ਆਪੇ ਜਾਞੀ ਆਪੇ ਮਾਞੀ ਆਪਿ ਸੁਆਮੀ ਆਪਿ ਦੇਵਾ॥	(ਜਾਂਞੀ) ਬਰਾਤੀ। (ਮਾਂਞੀ) ਲੜਕੀ ਵਾਲਿਆਂ ਦਾ ਮੇਲ। (ਸੁਆਮੀ) ਪਤੀ ਸਰੂਪ। (ਦੇਵਾ) ਪ੍ਰਕਾਸ਼ ਸਰੂਪ ਹਰਿ ਜੀ	Aapae Jaanjee Aapae Maanjee Aap Suaamee Aap Dhaevaa ||	He Himself is the groom's party, and He Himself the bride's party; He Himself is the Lord and Master; He Himself is the Divine Lord.	ਉਹ ਆਪ ਹੀ ਜਾਂਞੀ ਹੈ ਉਹ ਆਪ ਹੀ ਮੇਲ ਹੈ ਉਹ ਆਪ ਹੀ ਮਾਲਕ ਹੈ ਉਹ ਆਪ ਹੀ ਇਸ਼ਟ-ਦੇਵ ਹੈ।

20519	452	ਅਪਣਾ ਕਾਰਜੁ ਆਪਿ ਸਵਾਰੇ ਆਪੇ ਧਾਰਨ ਧਾਰੇ॥	(ਧਾਰਨ) ਸ੍ਰਿਸ਼ਟੀ ਨੂੰ (ਧਾਰੇ) ਆਸਰਾ ਦਿੰਦੇ	Apanaa Kaaraj Aap Savaarae Aapae Dhhaaran Dhhaarae ||	He Himself resolves His own affairs; He Himself sustains the Universe.	(ਮੇਰੀ ਜਿੰਦ ਦਾ ਮਾਲਕ-ਪ੍ਰਭੂ ਮੇਰੀ ਜਿੰਦ ਨੂੰ ਆਪਣੇ ਚਰਨਾਂ ਵਿਚ ਜੋੜਨ ਦਾ ਇਹ) ਆਪਣਾ ਕੰਮ ਆਪ ਹੀ ਸਿਰੇ ਚਾੜ੍ਹਦਾ ਹੈ।
20520	452	ਕਹੁ ਨਾਨਕ ਸਹੁ ਘਰ ਮਹਿ ਬੈਠਾ ਸੋਹੇ ਬੰਕ ਦੁਆਰੇ॥੨॥	(ਸਹੁ) ਖਸਮ ਹਰਿ ਜੀ। (ਸੋਹੇ) ਸੋਭਨੀਕ। (ਬੰਕ) ਸੋਹਣੇ (ਦੁਆਰੇ) ਗਿਆਨ ਇੰਦ੍ਰੇ	Kahu Naanak Sahu Ghar Mehi Baithaa Sohae Bank Dhuaarae ||2||	Says Nanak, my Bridegroom is sitting in my home; the gates of my body are beautifully adorned. ||2||	ਨਾਨਕ ਆਖਦਾ ਹੈ- ਮੇਰਾ ਖਸਮ-ਪ੍ਰਭੂ ਮੇਰੇ ਹਿਰਦੇ-ਘਰ ਵਿਚ ਆ ਬੈਠਦਾ ਹੈ, ਮੇਰੇ ਸਾਰੇ ਗਿਆਨ-ਇੰਦ੍ਰੇ ਸੋਹਣੇ ਬਣ ਗਏ ਹਨ ॥੨॥
20521	452	ਨਵ ਨਿਧੇ ਨਉ ਨਿਧੇ ਮੇਰੇ ਘਰ ਮਹਿ ਆਈ ਰਾਮ॥		Nav Nidhhae No Nidhhae Maerae Ghar Mehi Aaee Raam ||	The nine treasures - the nine treasures come into my home, Lord.	ਸ੍ਰਿਸ਼ਟੀ ਦੇ ਸਾਰੇ ਹੀ ਨੌ ਖ਼ਜ਼ਾਨੇ ਮੇਰੇ ਹਿਰਦੇ-ਘਰ ਵਿਚ ਆ ਟਿਕੇ ਹਨ,
20522	452	ਸਭੁ ਕਿਛੁ ਮੈ ਸਭੁ ਕਿਛੁ ਪਾਇਆ ਨਾਮੁ ਧਿਆਈ ਰਾਮ॥		Sabh Kishh Mai Sabh Kishh Paaeiaa Naam Dhhiaaee Raam ||	Everything - I obtain everything, meditating on the Naam, the Name of the Lord.	(ਕਿਉਂਕਿ) ਹੁਣ ਮੈਂ ਪਰਮਾਤਮਾ ਦਾ ਨਾਮ ਸਿਮਰਦਾ ਹਾਂ, ਮੈਨੂੰ ਹਰੇਕ ਪਦਾਰਥ ਮਿਲ ਗਿਆ ਹੈ, ਮੈਂ ਸਭ ਕੁਝ ਲੱਭ ਲਿਆ ਹੈ।

20523	452	ਨਾਮੁ ਧਿਆਈ ਸਦਾ ਸਖਾਈ ਸਹਜ ਸੁਭਾਈ ਗੋਵਿੰਦਾ॥	(ਸਖਾਈ) ਸਹਾਇਕ। ਗੋ-ਵਿੰਦਾ	Naam Dhhiaaee Sadhaa Sakhaaee Sehaj Subhaaee Govindhaa ||	Meditating on the Naam, the Lord of the Universe becomes the one's eternal companion, and he dwells in peaceful ease.	ਮੈਂ ਉਸ ਗੋਬਿੰਦ ਦਾ ਨਾਮ ਸਦਾ ਸਿਮਰਦਾ ਹਾਂ ਜੋ ਮੇਰਾ ਸਦਾ ਲਈ ਸਾਥੀ ਬਣ ਗਿਆ ਹੈ, ਜਿਸ ਦਾ ਸਦਕਾ ਮੇਰੇ ਅੰਦਰ ਆਤਮਕ ਅਡੋਲਤਾ ਤੇ ਪ੍ਰੇਮ ਪੈਦਾ ਹੋ ਗਿਆ ਹੈ।
20524	452	ਗਣਤ ਮਿਟਾਈ ਚੂਕੀ ਧਾਈ ਕਦੇ ਨ ਵਿਆਪੈ ਮਨ ਚਿੰਦਾ॥	(ਗਣਤ) ਲੇਖਾ ਜੋਖਾ। (ਧਾਈ) ਭਟਕਣਾ। (ਚਿੰਦਾ) ਚਿੰਤਾ	Ganath Mittaaee Chookee Dhhaaee Kadhae N Viaapai Man Chindhaa ||	His calculations are ended, his wanderings cease, and his mind is no longer afflicted with anxiety.	ਮੈਂ, ਆਪਣੇ ਅੰਦਰ ਚਿੰਤਾ-ਫ਼ਿਕਰ ਮਿਟਾ ਲਿਆ ਹੈ, ਮੇਰੀ ਭਟਕਣਾ ਮੁੱਕ ਗਈ ਹੈ, ਕੋਈ ਚਿੰਤਾ ਮੇਰੇ ਮਨ ਉਤੇ ਕਦੇ ਜੋਰ ਨਹੀਂ ਪਾ ਸਕਦੀ।
20525	452	ਗੋਵਿੰਦ ਗਾਜੇ ਅਨਹਦ ਵਾਜੇ ਅਚਰਜ ਸੋਭ ਬਣਾਈ॥	ਗਾੱਜੇ।ਵੱਜੇ।ਅ-ਚਰਜ	Govindh Gaajae Anehadh Vaajae Acharaj Sobh Banaaee ||	When the Lord of the Universe reveals Himself, and the unstruck melody of the sound current vibrates, the drama of wondrous splendor is enacted.	ਮੇਰੇ ਅੰਦਰ ਗੋਬਿੰਦ ਗੱਜ ਰਿਹਾ ਹੈ (ਪ੍ਰਭੂ ਦੇ ਸਿਮਰਨ ਦਾ ਆਨੰਦ ਪੂਰੇ ਜੋਬਨ ਵਿਚ ਹੈ। ਇਉਂ ਆਨੰਦ ਬਣਿਆ ਹੋਇਆ ਹੈ, ਮਾਨੋ, ਸਾਰੇ ਸੰਗੀਤਕ ਸਾਜ) ਇੱਕ-ਰਸ (ਮੇਰੇ ਅੰਦਰ) ਵੱਜ ਰਹੇ ਹਨ। (ਪਰਮਾਤਮਾ ਨੇ ਮੇਰੇ ਅੰਦਰ) ਹੈਰਾਨ ਕਰ ਦੇਣ ਵਾਲੀ ਆਤਮਕ ਸੁੰਦਰਤਾ ਪੈਦਾ ਕਰ ਦਿੱਤੀ।

20526	452	ਕਹੁ ਨਾਨਕ ਪਿਰੁ ਮੇਰੈ ਸੰਗੇ ਤਾ ਮੈ ਨਵ ਨਿਧਿ ਪਾਈ॥੩॥		Kahu Naanak Pir Maerai Sangae Thaa Mai Nav Nidhh Paaee ||3||	Says Nanak, when my Husband Lord is with me, I obtain the nine treasures. ||3||	ਨਾਨਕ ਆਖਦਾ ਹੈ- ਪ੍ਰਭੂ-ਪਤੀ ਮੇਰੇ ਅੰਗ-ਸੰਗ ਵੱਸ ਰਿਹਾ ਹੈ, ਤਾਹੀਏਂ ਮੈਨੂੰ ਪ੍ਰਤੀਤ ਹੋ ਰਿਹਾ ਹੈ ਕਿ ਮੈਂ ਸ੍ਰਿਸ਼ਟੀ ਦੇ ਨੌ ਹੀ ਖ਼ਜ਼ਾਨੇ ਲੱਭ ਲਏ ਹਨ ॥੩॥
20527	452	ਸਰਸਿਅੜੇ ਸਰਸਿਅੜੇ ਮੇਰੇ ਭਾਈ ਸਭ ਮੀਤਾ ਰਾਮ॥	(ਸਰ-ਸਿਅੜੇ) ਅਨੰਦਿਤ	Sarasiarrae Sarasiarrae Maerae Bhaaee Sabh Meethaa Raam ||	Over-joyed - over-joyed are all my brothers and friends.	ਹੁਣ ਮੇਰੇ ਸਾਰੇ ਮਿੱਤਰ ਭਰਾ (ਸਾਰੇ ਗਿਆਨ-ਇੰਦ੍ਰੇ) ਆਨੰਦ-ਪੂਰਤਿ ਹੋ ਰਹੇ ਹਨ।
20528	453	ਬਿਖਮੋ ਬਿਖਮੁ ਅਖਾੜਾ ਮੈ ਗੁਰ ਮਿਲਿ ਜੀਤਾ ਰਾਮ॥	(ਬਿਖਮੋ) ਔਖੇ ਤੋਂ (ਬਿਖਮੁ) ਔਖਾ ਇੰਦ੍ਰਿਆਂ ਵਿਕਾਰਾਂ ਦੀ (ਅਖਾੜਾ) ਰਣ ਭੂਮੀ	Bikhamo Bikham Akhaarraa Mai Gur Mil Jeethaa Raam ||	Meeting the Guru, I have won the most arduous battle in the arena of life.	ਗੁਰੂ ਨੂੰ ਮਿਲ ਕੇ ਮੈਂ ਇਹ ਬੜਾ ਔਖਾ ਸੰਸਾਰ-ਅਖਾੜਾ ਜਿੱਤ ਲਿਆ ਹੈ।
20529	453	ਗੁਰ ਮਿਲਿ ਜੀਤਾ ਹਰਿ ਹਰਿ ਕੀਤਾ ਤੂਟੀ ਭੀਤਾ ਭਰਮ ਗੜਾ॥	(ਭੀੱਤਾ) ਕੰਧ। (ਗੜ੍ਹਾ) ਕਿਲੇ ਦੀ	Gur Mil Jeethaa Har Har Keethaa Thoottee Bheethaa Bharam Garraa ||	Meeting the Guru, I am victorious; praising the Lord, Har, Har, the walls of the fortress of doubt have been destroyed.	ਗੁਰੂ ਦੀ ਸਰਨ ਪੈ ਕੇ ਮੈਂ ਸੰਸਾਰ-ਅਖਾੜਾ ਜਿੱਤਿਆ ਹੈ (ਗੁਰੂ ਦੀ ਕਿਰਪਾ ਨਾਲ) ਮੈਂ ਸਦਾ ਪਰਮਾਤਮਾ ਦਾ ਸਿਮਰਨ ਕਰਦਾ ਹਾਂ (ਮੈਂ ਪਹਿਲਾਂ ਮਾਇਆ ਦੀ ਭਟਕਣਾ ਦੇ ਕਿਲ੍ਹੇ ਵਿਚ ਕੈਦ ਸਾਂ, ਹੁਣ ਉਹ) ਭਟਕਣਾ ਦੇ ਕਿਲ੍ਹੇ ਦੀ ਕੰਧ ਢਹਿ ਪਈ ਹੈ।

20530	453	ਪਾਇਆ ਖਜਾਨਾ ਬਹੁਤੁ ਨਿਧਾਨਾ ਸਾਣਥ ਮੇਰੀ ਆਪਿ ਖੜਾ॥	(ਸਾਣਥ) ਸਹਾਇਤਾ ਲਈ। ਖੜ੍ਹਾ	Paaeiaa Khajaanaa Bahuth Nidhhaanaa Saanathh Maeree Aap Kharraa ||	I have obtained the wealth of so many treasures; the Lord Himself has stood by my side.	ਮੈਂ ਹਰਿ-ਨਾਮ ਦਾ ਖ਼ਜ਼ਾਨਾ ਲੱਭ ਲਿਆ ਹੈ, ਇਕ ਵੱਡਾ ਖ਼ਜ਼ਾਨਾ ਲੱਭ ਲਿਆ ਹੈ, ਮੇਰੀ ਸਹਾਇਤਾ ਉਤੇ ਪ੍ਰਭੂ ਆਪ (ਮੇਰੇ ਸਿਰ ਉਤੇ) ਆ ਖਲੋਤਾ ਹੈ।
20531	453	ਸੋਈ ਸੁਗਿਆਨਾ ਸੋ ਪਰਧਾਨਾ ਜੋ ਪ੍ਰਭਿ ਅਪਨਾ ਕੀਤਾ॥		Soee Sugiaanaa So Paradhhaanaa Jo Prabh Apanaa Keethaa ||	He is the man of spiritual wisdom, and he is the leader, whom God has made His own.	ਉਹੀ ਮਨੁੱਖ ਚੰਗੀ ਸੂਝ ਵਾਲਾ ਹੈ ਉਹੀ ਮਨੁੱਖ ਹਰ ਥਾਂ ਮੰਨਿਆ-ਪ੍ਰਮੰਨਿਆ ਹੋਇਆ ਹੈ ਜਿਸ ਨੂੰ ਪ੍ਰਭੂ ਨੇ ਆਪਣਾ (ਸੇਵਕ) ਬਣਾ ਲਿਆ ਹੈ।
20532	453	ਕਹੁ ਨਾਨਕ ਜਾਂ ਵਲਿ ਸੁਆਮੀ ਤਾ ਸਰਸੇ ਭਾਈ ਮੀਤਾ॥੪॥੧॥	(ਵੱਲਿ) ਤਰਫ਼। (ਸਰਸੇ) ਖੁਸ਼	Kahu Naanak Jaan Val Suaamee Thaa Sarasae Bhaaee Meethaa ||4||1||	Says Nanak, when the Lord and Master is on my side, then my brothers and friends rejoice. ||4||1||	ਹੇ ਨਾਨਕ! ਜਦੋਂ ਖਸਮ-ਪ੍ਰਭੂ ਪੱਖ ਤੇ ਹੋਵੇ ਤਾਂ ਸਾਰੇ ਮਿੱਤਰ ਭਰਾ ਭੀ ਖ਼ੁਸ਼ ਹੋ ਜਾਂਦੇ ਹਨ ॥੪॥੧॥
20533	453	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
20534	453	ਅਕਥਾ ਹਰਿ ਅਕਥ ਕਥਾ ਕਿਛੁ ਜਾਇ ਨ ਜਾਣੀ ਰਾਮ॥	ਅ-ਕਥਾ।ਅ-ਕਥਾ:ਪੋਲੇ ਬੋਲੋ	Akathhaa Har Akathh Kathhaa Kishh Jaae N Jaanee Raam ||	Inexpressible is the sermon of the inexpressible Lord; it cannot be known at all.	ਹੇ ਭਾਈ ਪਰਮਾਤਮਾ ਦੀ ਸਿਫ਼ਤਿ-ਸਾਲਾਹ (ਆਪਣੀ ਹਉਮੈ ਚਤੁਰਾਈ ਦੇ ਆਧਾਰ ਤੇ) ਨਹੀਂ ਕੀਤੀ ਜਾ ਸਕਦੀ, (ਸਿਆਣਪ-ਚਤੁਰਾਈ ਦੇ ਆਸਰੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਾਲ ਜਾਣ-ਪਛਾਣ ਨਹੀਂ ਪਾਈ ਜਾ ਸਕਦੀ।

20535	453	ਸੁਰਿ ਨਰ ਸੁਰਿ ਨਰ ਮੁਨਿ ਜਨ ਸਹਜਿ ਵਖਾਣੀ ਰਾਮ॥	(ਵਖਾਣੀ) ਬਿਆਨ ਕੀਤੀ	Sur Nar Sur Nar Mun Jan Sehaj Vakhaanee Raam ||	The demi-gods, mortal beings, angels and silent sages express it in their peaceful poise.	ਦੈਵੀ ਸੁਭਾਵ ਵਾਲੇ ਸ਼ਾਂਤ-ਚਿੱਤ ਰਹਿਣ ਵਾਲੇ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਹੀ ਸਿਫ਼ਤਿ-ਸਾਲਾਹ ਕਰਦੇ ਹਨ।
20536	453	ਸਹਜੇ ਵਖਾਣੀ ਅਮਿਉ ਬਾਣੀ ਚਰਣਕਮਲ ਰੰਗੁ ਲਾਇਆ॥	(ਅਮਿਉ) ਅੰਮ੍ਰਿਤ	Sehajae Vakhaanee Amio Baanee Charan Kamal Rang Laaeiaa ||	In their poise, they recite the Ambrosial Bani of the Lord's Word; they embrace love for the Lord's Lotus Feet.	ਜਿਨ੍ਹਾਂ ਮਨੁੱਖਾਂ ਨੇ ਆਤਮਕ ਜੀਵਨ ਦੇਣ ਵਾਲੀ ਗੁਰਬਾਣੀ ਦੀ ਬਰਕਤਿ ਨਾਲ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕੀਤੀ ਉਹਨਾਂ ਨੇ ਪਰਮਾਤਮਾ ਦੇ ਸੋਹਣੇ ਕੋਮਲ ਚਰਨਾਂ ਨਾਲ ਪਿਆਰ ਪਾ ਲਿਆ,
20537	453	ਜਪਿ ਏਕੁ ਅਲਖੁ ਪ੍ਰਭੁ ਨਿਰੰਜਨੁ ਮਨ ਚਿੰਦਿਆ ਫਲੁ ਪਾਇਆ॥	ਪ੍ਰਕਾਸ਼ ਹੀ ਪ੍ਰਕਾਸ਼ ਮਹਾਂ ਵਿਸਮਾਦ ਬੇਅੰਤ ਏਨਾ ਕਿ (ਅ-ਲਖੁ) ਜਾਨਣ ਰਹਿਤ ਕਿ ਕਿੰਨਾ। (ਚਿੰਦਿਆ) ਚਾਹਿਆ	Jap Eaek Alakh Prabh Niranjan Man Chindhiaa Fal Paaeiaa ||	Meditating on the One incomprehensible and immaculate Lord, they obtain the fruits of their heart's desires.	ਉਸ ਇੱਕ ਅਦ੍ਰਿਸ਼ਟ ਤੇ ਨਿਰਲੇਪ ਪ੍ਰਭੂ ਨੂੰ ਸਿਮਰ ਕੇ ਉਹਨਾਂ ਨੇ ਮਨ-ਚਿਤਵਿਆ ਫਲ ਪ੍ਰਾਪਤ ਕਰ ਲਿਆ।
20538	453	ਤਜਿ ਮਾਨੁ ਮੋਹੁ ਵਿਕਾਰੁ ਦੂਜਾ ਜੋਤੀ ਜੋਤਿ ਸਮਾਣੀ॥	(ਤਜਿ) ਤਿਆਗ ਕੇ	Thaj Maan Mohu Vikaar Dhoojaa Jothee Joth Samaanee ||	Renouncing self-conceit, emotional attachment, corruption and duality, their light merges into the Light.	(ਜਿਨ੍ਹਾਂ ਮਨੁੱਖਾਂ ਨੇ ਆਪਣੇ ਅੰਦਰੋਂ) ਅਹੰਕਾਰ ਮੋਹ ਵਿਕਾਰ ਮਾਇਆ ਦਾ ਪਿਆਰ ਦੂਰ ਕਰ ਕੇ ਆਪਣੀ ਸੁਰਤਿ ਰੱਬੀ ਨੂਰ ਵਿਚ ਜੋੜ ਲਈ,

20539	453	ਬਿਨਵੰਤਿ ਨਾਨਕ ਗੁਰ ਪ੍ਰਸਾਦੀ ਸਦਾ ਹਰਿ ਰੰਗੁ ਮਾਣੀ॥੧॥	ਬਿਨ-ਵੰਤਿ	Binavanth Naanak Gur Prasaadhee Sadhaa Har Rang Maanee ||1||	Prays Nanak, by Guru's Grace, one enjoys the Lord's Love forever. ||1||	ਨਾਨਕ ਬੇਨਤੀ ਕਰਦਾ ਹੈ, ਉਹ ਗੁਰੂ ਦੀ ਕਿਰਪਾ ਨਾਲ ਸਦਾ ਪ੍ਰਭੂ-ਮਿਲਾਪ ਦਾ ਆਨੰਦ ਮਾਣਦੇ ਹਨ ॥੧॥
20540	453	ਹਰਿ ਸੰਤਾ ਹਰਿ ਸੰਤ ਸਜਨ ਮੇਰੇ ਮੀਤ ਸਹਾਈ ਰਾਮ॥	(ਸਹਾਈ) ਸਹਾਇਕ। ਸੱਜਨ	Har Santhaa Har Santh Sajan Maerae Meeth Sehaaee Raam ||	The Lord's Saints - the Lord's Saints are my friends, my best friends and helpers.	ਪਰਮਾਤਮਾ ਦੇ ਸੰਤ ਜਨ ਮੇਰੇ ਮਿੱਤਰ ਹਨ ਮੇਰੇ ਸੱਜਣ ਹਨ ਮੇਰੇ ਸਾਥੀ ਹਨ।
20541	453	ਵਡਭਾਗੀ ਵਡਭਾਗੀ ਸਤਸੰਗਤਿ ਪਾਈ ਰਾਮ॥		Vaddabhaagee Vaddabhaagee Sathasangath Paaee Raam ||	By great good fortune, by great good fortune, I have obtained the Sat Sangat, the True Congregation.	ਉਹਨਾਂ ਦੀ ਸੰਗਤਿ ਮੈਂ ਵੱਡੇ ਭਾਗਾਂ ਨਾਲ ਬੜੀ ਉੱਚੀ ਕਿਸਮਤ ਨਾਲ ਪ੍ਰਾਪਤ ਕੀਤੀ ਹੈ।
20542	453	ਵਡਭਾਗੀ ਪਾਏ ਨਾਮੁ ਧਿਆਏ ਲਾਥੇ ਦੂਖ ਸੰਤਾਪੈ॥	(ਸੰਤਾਪੈ) ਮਾਨਸਿਕ ਦੁੱਖ	Vaddabhaagee Paaeae Naam Dhhiaaeae Laathhae Dhookh Santhaapai ||	By great good fortune, I obtained it, and I meditate on the Naam, the Name of the Lord; my pains and sufferings have been taken away.	ਜੇਹੜਾ ਮਨੁੱਖ ਸੰਤ ਜਨਾਂ ਦੀ ਸੰਗਤਿ ਖ਼ੁਸ਼-ਕਿਸਮਤੀ ਨਾਲ ਹਾਸਲ ਕਰ ਲੈਂਦਾ ਹੈ ਉਹ (ਸਦਾ) ਪਰਮਾਤਮਾ ਦਾ ਨਾਮ ਸਿਮਰਦਾ ਹੈ, ਉਸ ਦੇ ਸਾਰੇ ਦੁੱਖ ਉਸ ਦੇ ਸਾਰੇ ਕਲੇਸ਼ ਮੁੱਕ ਜਾਂਦੇ ਹਨ।

20543	453	ਗੁਰ ਚਰਣੀ ਲਾਗੇ ਭ੍ਰਮ ਭਉ ਭਾਗੇ ਆਪੁ ਮਿਟਾਇਆ ਆਪੈ॥		Gur Charanee Laagae Bhram Bho Bhaagae Aap Mittaaeiaa Aapai ||	I have grasped the Guru's Feet, and my doubts and fears are gone. He Himself has erased my self-conceit.	ਜੇਹੜਾ ਬੰਦਾ ਸਤਿਗੁਰੂ ਦੀ ਚਰਨੀਂ ਲੱਗਦਾ ਹੈ ਉਸ ਦੀ ਭਟਕਣਾ ਦੂਰ ਹੋ ਜਾਂਦੀ ਹੈ ਉਸ ਦਾ ਹਰੇਕ ਡਰ-ਸਹਮ ਖ਼ਤਮ ਹੋ ਜਾਂਦਾ ਹੈ, ਉਹ ਆਪਣੇ ਅੰਦਰੋਂ ਆਪਾ-ਭਾਵ (ਅਹੰਕਾਰ) ਦੂਰ ਕਰ ਲੈਂਦਾ ਹੈ।
20544	453	ਕਰਿ ਕਿਰਪਾ ਮੇਲੇ ਪ੍ਰਭਿ ਅਪੁਨੈ ਵਿਛੁੜਿ ਕਤਹਿ ਨ ਜਾਈ॥		Kar Kirapaa Maelae Prabh Apunai Vishhurr Kathehi N Jaaee ||	Granting His Grace, God has united me with Himself; no longer do I suffer the pains of separation, and I shall not have to go anywhere.	ਜਿਸ ਮਨੁੱਖ ਨੂੰ ਪਿਆਰੇ ਪ੍ਰਭੂ ਨੇ ਮੇਹਰ ਕਰ ਕੇ ਆਪਣੇ ਚਰਨਾਂ ਵਿਚ ਜੋੜ ਲਿਆ, ਉਹ ਪ੍ਰਭੂ ਤੋਂ ਵਿਛੁੜ ਕੇ ਹੋਰ ਕਿਧਰੇ ਭੀ ਨਹੀਂ ਜਾਂਦਾ।
20545	453	ਬਿਨਵੰਤਿ ਨਾਨਕ ਦਾਸੁ ਤੇਰਾ ਸਦਾ ਹਰਿ ਸਰਣਾਈ॥੨॥		Binavanth Naanak Dhaas Thaeraa Sadhaa Har Saranaaee ||2||	Prays Nanak, I am forever Your slave, Lord; I seek Your Sanctuary. ||2||	ਨਾਨਕ ਬੇਨਤੀ ਕਰਦਾ ਹੈ-ਹੇ ਹਰੀ! ਮੈਂ ਤੇਰਾ ਦਾਸ ਹਾਂ, ਮੈਨੂੰ ਭੀ ਆਪਣੀ ਸਰਨ ਵਿਚ ਰੱਖ ॥੨॥
20546	453	ਹਰਿ ਦਰੇ ਹਰਿ ਦਰਿ ਸੋਹਨਿ ਤੇਰੇ ਭਗਤ ਪਿਆਰੇ ਰਾਮ॥	ਸੋਹ-ਨਿ	Har Dharae Har Dhar Sohan Thaerae Bhagath Piaarae Raam ||	The Lord's Gate - at the Lord's Gate, Your beloved devotees look beautiful.	ਹੇ ਹਰੀ! ਤੇਰੇ ਦਰ ਤੇ, ਤੇਰੇ ਬੂਹੇ ਤੇ (ਖਲੋਤੇ) ਤੇਰੇ ਪਿਆਰੇ ਭਗਤ ਸੋਹਣੇ ਲੱਗ ਰਹੇ ਹਨ।

20547	453	ਵਾਰੀ ਤਿਨ ਵਾਰੀ ਜਾਵਾ ਸਦ ਬਲਿਹਾਰੇ ਰਾਮ॥	(ਵਾਰੀ) ਕੁਰਬਾਨ	Vaaree Thin Vaaree Jaavaa Sadh Balihaarae Raam ||	I am a sacrifice, a sacrifice, again and again a sacrifice to them.	ਮੈਂ (ਤੇਰੇ) ਉਹਨਾਂ (ਭਗਤਾਂ) ਤੋਂ ਵਾਰਨੇ ਜਾਂਦਾ ਹਾਂ, ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ।
20548	453	ਸਦ ਬਲਿਹਾਰੇ ਕਰਿ ਨਮਸਕਾਰੇ ਜਿਨ ਭੇਟਤ ਪ੍ਰਭੁ ਜਾਤਾ॥	(ਭੇਟਤ) ਮਿਲਿਆਂ। (ਜਾਤਾ) ਜਾਣਿਆ	Sadh Balihaarae Kar Namasakaarae Jin Bhaettath Prabh Jaathaa ||	I am forever a sacrifice, and I humbly bow to them; meeting them, I know God.	ਮੈਂ ਉਹਨਾਂ ਭਗਤਾਂ ਅੱਗੇ ਸਿਰ ਨਿਵਾ ਕੇ ਸਦਾ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ ਜਿਨ੍ਹਾਂ ਨੂੰ ਮਿਲਿਆਂ ਪਰਮਾਤਮਾ ਨਾਲ ਡੂੰਘੀ ਸਾਂਝ ਪੈ ਜਾਂਦੀ ਹੈ,
20549	453	ਘਟਿ ਘਟਿ ਰਵਿ ਰਹਿਆ ਸਭ ਥਾਈ ਪੂਰਨ ਪੁਰਖੁ ਬਿਧਾਤਾ॥	ਥਾਈਂ	Ghatt Ghatt Rav Rehiaa Sabh Thhaaee Pooran Purakh Bidhhaathaa ||	The Perfect and All-powerful Lord, the Architect of Destiny, is contained in each and every heart, everywhere.	(ਤੇ ਇਹ ਸਮਝ ਆ ਜਾਂਦੀ ਹੈ ਕਿ) ਸਰਬ-ਵਿਆਪਕ ਸਿਰਜਣਹਾਰ ਹਰੇਕ ਸਰੀਰ ਵਿਚ ਹਰ ਥਾਂ ਮੌਜੂਦ ਹੈ।
20550	453	ਗੁਰੁ ਪੂਰਾ ਪਾਇਆ ਨਾਮੁ ਧਿਆਇਆ ਜੂਐ ਜਨਮੁ ਨ ਹਾਰੇ॥		Gur Pooraa Paaeiaa Naam Dhhiaaeiaa Jooai Janam N Haarae ||	Meeting the Perfect Guru, we meditate on the Naam, and do not lose this life in the gamble.	ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ ਉਹ ਪਰਮਾਤਮਾ ਦਾ ਨਾਮ ਸਿਮਰਦਾ ਹੈ ਉਹ (ਜੁਆਰੀਏ ਵਾਂਗ) ਜੂਏ ਵਿਚ (ਮਨੁੱਖਾ) ਜਨਮ (ਦੀ ਬਾਜ਼ੀ) ਨਹੀਂ ਹਾਰਦਾ।
20551	453	ਬਿਨਵੰਤਿ ਨਾਨਕ ਸਰਣਿ ਤੇਰੀ ਰਾਖੁ ਕਿਰਪਾ ਧਾਰੇ॥੩॥		Binavanth Naanak Saran Thaeree Raakh Kirapaa Dhhaarae ||3||	Prays Nanak, I seek Your Sanctuary; please, shower Your Mercy upon me, and protect me. ||3||	ਨਾਨਕ ਬੇਨਤੀ ਕਰਦਾ ਹੈ-ਹੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ, ਕਿਰਪਾ ਕਰ ਕੇ (ਮੈਨੂੰ ਭੀ ਜੂਏ ਵਿਚ ਜੀਵਨ-ਬਾਜ਼ੀ ਹਾਰਨ ਤੋਂ) ਬਚਾ ਲੈ ॥੩॥

20552	453	ਬੇਅੰਤਾ ਬੇਅੰਤ ਗੁਣ ਤੇਰੇ ਕੇਤਕ ਗਾਵਾ ਰਾਮ॥	(ਕੇਤਕ) ਕਿੰਨੇ ਕੁ	Baeanthaa Baeanth Gun Thaerae Kaethak Gaavaa Raam ||	Innumerable - innumerable are Your Glorious Virtues; how many of them can I sing?	ਹੇ ਪ੍ਰਭੂ! ਤੇਰੇ ਬੇਅੰਤ ਗੁਣ ਹਨ, ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ। ਮੈਂ ਤੇਰੇ ਕਿਤਨੇ ਕੁ ਗੁਣ ਗਾ ਸਕਦਾ ਹਾਂ?
20553	453	ਤੇਰੇ ਚਰਣਾ ਤੇਰੇ ਚਰਣ ਧੂੜਿ ਵਡਭਾਗੀ ਪਾਵਾ ਰਾਮ॥		Thaerae Charanaa Thaerae Charan Dhhoorr Vaddabhaagee Paavaa Raam ||	The dust of Your feet, of Your feet, I have obtained, by great good fortune.	ਹੇ ਪ੍ਰਭੂ! ਜੇ ਮੇਰੇ ਵੱਡੇ ਭਾਗ ਹੋਣ ਤਾਂ ਹੀ ਤੇਰੇ ਚਰਨਾਂ ਦੀ ਤੇਰੇ (ਸੋਹਣੇ) ਚਰਨਾਂ ਦੀ ਧੂੜ ਮੈਨੂੰ ਮਿਲ ਸਕਦੀ ਹੈ।
20554	453	ਹਰਿ ਧੂੜੀ ਨ੍ਹਾਈਐ ਮੈਲੁ ਗਵਾਈਐ ਜਨਮ ਮਰਣ ਦੁਖ ਲਾਥੇ ॥		Har Dhhoorree Nhaaeeai Mail Gavaaeeai Janam Maran Dhukh Laathhae ||	Bathing in the Lord's dust, my filth has been washed away, and the pains of birth and death have departed.	ਪ੍ਰਭੂ ਦੇ ਚਰਨਾਂ ਦੀ ਧੂੜ ਵਿਚ ਇਸ਼ਨਾਨ ਕਰਨਾ ਚਾਹੀਦਾ ਹੈ (ਇਸ ਤਰ੍ਹਾਂ ਮਨ ਵਿਚੋਂ ਵਿਕਾਰਾਂ) ਦੀ ਮੈਲ ਦੂਰ ਹੋ ਜਾਂਦੀ ਹੈ, ਤੇ, ਜਨਮ ਮਰਨ ਦੇ (ਸਾਰੀ ਉਮਰ ਦੇ) ਦੁੱਖ ਲਹਿ ਜਾਂਦੇ ਹਨ।
20555	453	ਅੰਤਰਿ ਬਾਹਰਿ ਸਦਾ ਹਦੂਰੇ ਪਰਮੇਸਰੁ ਪ੍ਰਭੁ ਸਾਥੇ॥		Anthar Baahar Sadhaa Hadhoorae Paramaesar Prabh Saathhae ||	Inwardly and outwardly, the Transcendent Lord God is ever-present, always with us.	(ਇਹ ਨਿਸ਼ਚਾ ਭੀ ਆ ਜਾਂਦਾ ਹੈ ਕਿ) ਪਰਮੇਸਰ ਪ੍ਰਭੂ ਸਾਡੇ ਅੰਦਰ ਅਤੇ ਬਾਹਰ ਸਾਰੇ ਸੰਸਾਰ ਵਿਚ ਸਦਾ ਸਾਡੇ ਅੰਗ-ਸੰਗ ਵੱਸਦਾ ਹੈ ਸਾਡੇ ਨਾਲ ਵੱਸਦਾ ਹੈ।

20556	453	ਮਿਟੇ ਦੂਖ ਕਲਿਆਣ ਕੀਰਤਨ ਬਹੁੜਿ ਜੋਨਿ ਨ ਪਾਵਾ॥	(ਬਹੁੜਿ) ਫਿਰ	Mittae Dhookh Kaliaan Keerathan Bahurr Jon N Paavaa ||	Suffering departs, and there is peace; singing the Kirtan of the Lord's Praises, one is not consigned to reincarnation again.	(ਜੇਹੜਾ ਮਨੁੱਖ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ ਉਸ ਦੇ ਅੰਦਰ ਸੁਖ-ਆਨੰਦ ਬਣ ਜਾਂਦੇ ਹਨ ਉਸ ਦੇ ਦੁੱਖ ਮਿਟ ਜਾਂਦੇ ਹਨ, ਉਹ ਮੁੜ ਜੂਨਾਂ ਵਿਚ ਨਹੀਂ ਪੈਂਦਾ।
20557	453	ਬਿਨਵੰਤਿ ਨਾਨਕ ਗੁਰ ਸਰਣਿ ਤਰੀਐ ਆਪਣੇ ਪ੍ਰਭ ਭਾਵਾ॥੪॥੨॥		Binavanth Naanak Gur Saran Thareeai Aapanae Prabh Bhaavaa ||4||2||	Prays Nanak, in the Guru's Sanctuary, one swims across, and is pleasing to God. ||4||2||	ਨਾਨਕ ਬੇਨਤੀ ਕਰਦਾ ਹੈ-ਗੁਰੂ ਦੀ ਸਰਨ ਪਿਆਂ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ। (ਜੇ ਮੈਨੂੰ ਭੀ ਗੁਰੂ ਮਿਲ ਪਏ ਤਾਂ ਮੈਂ ਭੀ) ਆਪਣੇ ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪਵਾਂ ॥੪॥੨॥
20558	453	ਆਸਾ ਛੰਤ ਮਹਲਾ ੫ ਘਰੁ ੪		Aasaa Shhanth Mehalaa 5 Ghar 4	Aasaa, Chhant, Fifth Mehl, Fourth House:	ਰਾਗ ਆਸਾ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ'।
20559	453	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
20560	453	ਹਰਿ ਚਰਨਕਮਲ ਮਨੁ ਬੇਧਿਆ ਕਿਛੁ ਆਨ ਨ ਮੀਠਾ ਰਾਮ ਰਾਜੇ॥		Har Charan Kamal Man Baedhhiaa Kishh Aan N Meethaa Raam Raajae ||	My mind is pierced by the Lord's Lotus Feet; He alone is sweet to my mind, the Lord King.	(ਜਿਸ ਮਨੁੱਖ ਦਾ) ਮਨ ਪਰਮਾਤਮਾ ਦੇ ਸੋਹਣੇ ਕੋਮਲ ਚਰਨਾਂ ਵਿਚ ਪ੍ਰੋਤਾ ਜਾਂਦਾ ਹੈ, ਉਸ ਨੂੰ (ਪਰਮਾਤਮਾ ਦੀ ਯਾਦ ਤੋਂ ਬਿਨਾ) ਕੋਈ ਹੋਰ ਚੀਜ਼ ਮਿੱਠੀ ਨਹੀਂ ਲੱਗਦੀ।

20561	453	ਮਿਲਿ ਸੰਤਸੰਗਤਿ ਆਰਾਧਿਆ ਹਰਿ ਘਟਿ ਘਟੇ ਡੀਠਾ ਰਾਮ ਰਾਜੇ॥		Mil Santhasangath Aaraadhhiaa Har Ghatt Ghattae Ddeethaa Raam Raajae ||	Joining the Society of the Saints, I meditate on the Lord in adoration; I behold the Lord King in each and every heart.	ਸਾਧ ਸੰਗਤਿ ਵਿਚ ਮਿਲ ਕੇ ਉਹ ਮਨੁੱਖ ਪ੍ਰਭੂ ਦਾ ਨਾਮ ਸਿਮਰਦਾ ਹੈ, ਉਸ ਨੂੰ ਪਰਮਾਤਮਾ ਹਰੇਕ ਸਰੀਰ ਵਿਚ ਵੱਸਦਾ ਦਿੱਸ ਪੈਂਦਾ ਹੈ।
20562	453	ਹਰਿ ਘਟਿ ਘਟੇ ਡੀਠਾ ਅੰਮ੍ਰਿਤੋ ਵੂਠਾ ਜਨਮ ਮਰਨ ਦੁਖ ਨਾਠੇ॥	(ਵੂੱਠਾ) ਵਸਿਆ	Har Ghatt Ghattae Ddeethaa Anmrithuo Voothaa Janam Maran Dhukh Naathae ||	I behold the Lord in each and every heart, and the Ambrosial Nectar rains down upon me; the pains of birth and death are gone.	(ਉਸ ਮਨੁੱਖ ਦੇ ਹਿਰਦੇ ਵਿਚ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਆ ਵੱਸਦਾ ਹੈ (ਜਿਸ ਦੀ ਬਰਕਤਿ ਨਾਲ ਉਸ ਦੇ) ਜਨਮ ਮਰਨ ਦੇ ਦੁੱਖ (ਜ਼ਿੰਦਗੀ ਦੇ ਸਾਰੇ ਦੁੱਖ) ਦੂਰ ਹੋ ਜਾਂਦੇ ਹਨ।
20563	453	ਗੁਣ ਨਿਧਿ ਗਾਇਆ ਸਭ ਦੂਖ ਮਿਟਾਇਆ ਹਉਮੈ ਬਿਨਸੀ ਗਾਠੇ॥	(ਬਿਨਸੀ) ਨਾਸ ਹੋਈ। (ਗਾਠੇ) ਗੰਢ	Gun Nidhh Gaaeiaa Sabh Dhookh Mittaaeiaa Houmai Binasee Gaathae ||	Singing the Praises of the Lord, the treasure of virtue, all my pains are erased, and the knot of ego has been untied.	ਉਹ ਮਨੁੱਖ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ, ਆਪਣੇ ਸਾਰੇ ਦੁੱਖ ਮਿਟਾ ਲੈਂਦਾ ਹੈ, (ਉਸ ਦੇ ਅੰਦਰੋਂ) ਹਉਮੈ ਦੀ (ਬੱਝੀ ਹੋਈ) ਗੰਢ ਖੁਲ੍ਹ ਜਾਂਦੀ ਹੈ।
20564	454	ਪ੍ਰਿਉ ਸਹਜ ਸੁਭਾਈ ਛੋਡਿ ਨ ਜਾਈ ਮਨਿ ਲਾਗਾ ਰੰਗੁ ਮਜੀਠਾ॥	(ਮਜੀਠਾ) ਮਜੀਠ ਦਾ ਪੱਕਾ ਰੰਗ	Prio Sehaj Subhaaee Shhodd N Jaaee Man Laagaa Rang Majeethaa ||	My Beloved shall not leave me to go anywhere - this is His natural way; my mind is imbued with the lasting color of the Lord's Love.	ਆਤਮਕ ਅਡੋਲਤਾ ਨੂੰ ਪਿਆਰ ਕਰਨ ਵਾਲਾ ਪਿਆਰਾ ਪ੍ਰਭੂ ਉਸ ਨੂੰ ਛੱਡ ਨਹੀਂ ਜਾਂਦਾ, ਉਸ ਦੇ ਮਨ ਵਿਚ (ਪ੍ਰਭੂ-ਪ੍ਰੇਮ ਦਾ ਪੱਕਾ) ਰੰਗ ਚੜ੍ਹ ਜਾਂਦਾ ਹੈ (ਜਿਵੇਂ) ਮਜੀਠ (ਦਾ ਪੱਕਾ ਰੰਗ)।

20565	454	ਹਰਿ ਨਾਨਕ ਬੇਧੇ ਚਰਨਕਮਲ ਕਿਛੁ ਆਨ ਨ ਮੀਠਾ॥੧॥	(ਬੇਧੇ) ਜੁੜੇ	Har Naanak Baedhhae Charan Kamal Kishh Aan N Meethaa ||1||	The Lotus Feet of the Lord have pierced Nanak's mind, and now, nothing else seems sweet to him. ||1||	ਹੇ ਨਾਨਕ! ਜਿਸ ਮਨੁੱਖ ਦਾ ਮਨ ਪ੍ਰਭੂ ਦੇ ਸੋਹਣੇ ਕੋਮਲ ਚਰਨਾਂ ਵਿਚ ਵਿੱਝ ਗਿਆ, ਉਸ ਨੂੰ (ਪ੍ਰਭੂ ਦੀ ਯਾਦ ਤੋਂ ਬਿਨਾ) ਕੋਈ ਹੋਰ ਚੀਜ਼ ਮਿੱਠੀ ਨਹੀਂ ਲੱਗਦੀ ॥੧॥
20566	454	ਜਿਉ ਰਾਤੀ ਜਲਿ ਮਾਛੁਲੀ ਤਿਉ ਰਾਮ ਰਸਿ ਮਾਤੇ ਰਾਮ ਰਾਜੇ॥	(ਰਾੱਤੀ) ਮਗਨ। (ਮਾੱਤੇ) ਮਸਤ	Jio Raathee Jal Maashhulee Thio Raam Ras Maathae Raam Raajae ||	Just like the fish which revels in water, I am intoxicated with the sublime essence of the Lord, my Lord King.	ਉਹ ਮਨੁੱਖ ਪਰਮਾਤਮਾ ਦੇ ਨਾਮ ਦੇ ਸੁਆਦ ਵਿਚ ਇਉਂ ਮਸਤ ਰਹਿੰਦੇ ਹਨ ਜਿਵੇਂ (ਡੂੰਘੇ) ਪਾਣੀ ਵਿਚ ਮੱਛੀ ਖ਼ੁਸ਼ ਰਹਿੰਦੀ ਹੈ,
20567	454	ਗੁਰ ਪੂਰੈ ਉਪਦੇਸਿਆ ਜੀਵਨ ਗਤਿ ਭਾਤੇ ਰਾਮ ਰਾਜੇ॥	ਭਾਂਤੇ	Gur Poorai Oupadhaesiaa Jeevan Gath Bhaathae Raam Raajae ||	The Perfect Guru has instructed me, and blessed me with salvation in my life; I love the Lord, my King.	(ਜਿਨ੍ਹਾਂ ਨੂੰ) ਪੂਰੇ ਗੁਰੂ ਨੇ (ਹਰਿ-ਨਾਮ ਸਿਮਰਨ ਦਾ) ਉਪਦੇਸ਼ ਦੇ ਦਿੱਤਾ, ਉਹ ਮਨੁੱਖ ਆਤਮਕ-ਜੀਵਨ-ਦਾਤੇ ਪ੍ਰਭੂ ਨੂੰ ਪਿਆਰੇ ਲੱਗਦੇ ਹਨ।
20568	454	ਜੀਵਨ ਗਤਿ ਸੁਆਮੀ ਅੰਤਰਜਾਮੀ ਆਪਿ ਲੀਏ ਲੜਿ ਲਾਏ॥		Jeevan Gath Suaamee Antharajaamee Aap Leeeae Larr Laaeae ||	The Lord Master, the Searcher of hearts, blesses me with salvation in my life; He Himself attaches me to His Love.	ਆਤਮਕ ਜੀਵਨ ਦੇਣ ਵਾਲਾ ਮਾਲਕ-ਪ੍ਰਭੂ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ ਉਹ ਉਹਨਾਂ ਮਨੁੱਖਾਂ ਨੂੰ ਆਪ ਹੀ ਆਪਣੇ ਲੜ ਲਾ ਲੈਂਦਾ ਹੈ,

20569	454	ਹਰਿ ਰਤਨ ਪਦਾਰਥੋ ਪਰਗਟੋ ਪੂਰਨੋ ਛੋਡਿ ਨ ਕਤਹੂ ਜਾਏ॥		Har Rathan Padhaarathho Paragatto Poorano Shhodd N Kathehoo Jaaeae ||	The Lord is the treasure of jewels, the perfect manifestation; He shall not forsake us to go anywhere else.	ਉਹ ਸਰਬ-ਵਿਆਪਕ ਪ੍ਰਭੂ ਉਹਨਾਂ ਦੇ ਅੰਦਰ ਆਪਣੇ ਸ੍ਰੇਸ਼ਟ ਨਾਮ-ਰਤਨ ਪਰਗਟ ਕਰ ਦੇਂਦਾ ਹੈ ਉਹਨਾਂ ਨੂੰ ਫਿਰ ਛੱਡ ਕੇ ਕਿਤੇ ਨਹੀਂ ਜਾਂਦਾ।
20570	454	ਪ੍ਰਭੁ ਸੁਘਰੁ ਸਰੂਪੁ ਸੁਜਾਨੁ ਸੁਆਮੀ ਤਾ ਕੀ ਮਿਟੈ ਨ ਦਾਤੇ॥	ਦੌਤੇ	Prabh Sughar Saroop Sujaan Suaamee Thaa Kee Mittai N Dhaathae ||	God, the Lord Master, is so accomplished, beauteous, and all-knowing; His gifts are never exhausted.	ਹੇ ਨਾਨਕ! ਪਰਮਾਤਮਾ ਸੋਹਣੀ ਆਤਮਕ ਘਾੜਤ ਵਾਲਾ ਹੈ, ਸੋਹਣੇ ਰੂਪ ਵਾਲਾ ਹੈ, ਸਿਆਣਾ ਹੈ, (ਜਿਨ੍ਹਾਂ ਮਨੁੱਖਾਂ ਨੂੰ ਪੂਰਾ ਗੁਰੂ ਉਪਦੇਸ਼ ਦਿੰਦਾ ਹੈ ਉਹਨਾਂ ਉਤੇ ਹੋਈ ਹੋਈ) ਉਸ ਪਰਮਾਤਮਾ ਦੀ ਬਖਸ਼ਸ਼ ਕਦੇ ਮਿਟਦੀ ਨਹੀਂ।
20571	454	ਜਲ ਸੰਗਿ ਰਾਤੀ ਮਾਛੁਲੀ ਨਾਨਕ ਹਰਿ ਮਾਤੇ॥੨॥		Jal Sang Raathee Maashhulee Naanak Har Maathae ||2||	As the fish is enraptured by the water, so is Nanak intoxicated by the Lord. ||2||	(ਇਸ ਵਾਸਤੇ ਉਹ ਮਨੁੱਖ) ਹਰਿ-ਨਾਮ ਵਿਚ ਇਉਂ ਮਸਤ ਰਹਿੰਦੇ ਹਨ ਜਿਵੇਂ ਮੱਛੀ (ਡੂੰਘੇ) ਪਾਣੀ ਦੀ ਸੰਗਤਿ ਵਿਚ ॥੨॥
20572	454	ਚਾਤ੍ਰਿਕੁ ਜਾਚੈ ਬੂੰਦ ਜਿਉ ਹਰਿ ਪ੍ਰਾਨ ਅਧਾਰਾ ਰਾਮ ਰਾਜੇ॥		Chaathrik Jaachai Boondh Jio Har Praan Adhhaaraa Raam Raajae ||	As the song-bird yearns for the rain-drop, the Lord, the Lord my King, is the Support of my breath of life.	ਜਿਵੇਂ ਪਪੀਹਾ (ਸ੍ਵਾਂਤ ਨਛੱਤ੍ਰ ਦੀ ਵਰਖਾ ਦੀ) ਕਣੀ ਮੰਗਦਾ ਹੈ, (ਤਿਵੇਂ ਸੰਤ ਜਨ ਪਰਮਾਤਮਾ ਦੇ ਨਾਮ-ਜਲ ਦੀ ਬੂੰਦ ਮੰਗਦੇ ਹਨ, ਤਿਵੇਂ ਸੰਤ ਜਨਾਂ ਵਾਸਤੇ) ਪਰਮਾਤਮਾ ਦਾ ਨਾਮ-ਜਲ ਜ਼ਿੰਦਗੀ ਦਾ ਸਹਾਰਾ;

20573	454	ਮਾਲੁ ਖਜੀਨਾ ਸੁਤ ਭ੍ਰਾਤ ਮੀਤ ਸਭਹੂੰ ਤੇ ਪਿਆਰਾ ਰਾਮ ਰਾਜੇ॥	(ਖਜੀਨਾ) ਖਜ਼ਾਨਾ	Maal Khajeenaa Suth Bhraath Meeth Sabhehoon Thae Piaaraa Raam Raajae ||	My Lord King is more beloved than all wealth, treasure, children, siblings and friends.	ਦੁਨੀਆ ਦਾ ਧਨ-ਪਦਾਰਥ, ਖ਼ਜ਼ਾਨੇ, ਪੁੱਤਰ, ਭਰਾ, ਮਿੱਤਰ- ਇਹਨਾਂ ਸਭਨਾਂ ਨਾਲੋਂ ਉਹਨਾਂ ਨੂੰ ਪਰਮਾਤਮਾ ਪਿਆਰਾ ਲੱਗਦਾ ਹੈ।
20574	454	ਸਭਹੂੰ ਤੇ ਪਿਆਰਾ ਪੁਰਖੁ ਨਿਰਾਰਾ ਤਾ ਕੀ ਗਤਿ ਨਹੀ ਜਾਣੀਐ॥		Sabhehoon Thae Piaaraa Purakh Niraaraa Thaa Kee Gath Nehee Jaaneeai ||	The absolute Lord, the Primal Being, is more beloved than all; His condition cannot be known.	ਜਿਸ ਪਰਮਾਤਮਾ ਦੀ ਉੱਚੀ ਆਤਮਕ ਅਵਸਥਾ ਜਾਣੀ ਨਹੀਂ ਜਾ ਸਕਦੀ ਉਹ (ਸਾਰੇ ਸੰਸਾਰ ਤੋਂ) ਨਿਰਾਲਾ ਤੇ ਸਰਬ-ਵਿਆਪਕ ਪ੍ਰਭੂ ਉਹਨਾਂ ਨੂੰ ਪਿਆਰਾ ਲੱਗਦਾ ਹੈ;
20575	454	ਹਰਿ ਸਾਸਿ ਗਿਰਾਸਿ ਨ ਬਿਸਰੈ ਕਬਹੂੰ ਗੁਰ ਸਬਦੀ ਰੰਗੁ ਮਾਣੀਐ॥		Har Saas Giraas N Bisarai Kabehoon Gur Sabadhee Rang Maaneeai ||	I shall never forget the Lord, for an instant, for a single breath; through the Word of the Guru's Shabad, I enjoy His Love.	ਹਰੇਕ ਸਾਹ ਦੇ ਨਾਲ ਹਰੇਕ ਗਿਰਾਹੀ ਦੇ ਨਾਲ-ਕਦੇ ਭੀ ਪਰਮਾਤਮਾ ਉਹਨਾਂ ਨੂੰ ਭੁੱਲਦਾ ਨਹੀਂ। (ਪਰ, ਹੇ ਭਾਈ!) ਉਸ ਪਰਮਾਤਮਾ ਦੇ ਮਿਲਾਪ ਦਾ ਆਨੰਦ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਹੀ ਮਾਣਿਆ ਜਾ ਸਕਦਾ ਹੈ।

20576	454	ਪ੍ਰਭੁ ਪੁਰਖੁ ਜਗਜੀਵਨੋ ਸੰਤ ਰਸੁ ਪੀਵਨੋ ਜਪਿ ਭਰਮ ਮੋਹ ਦੁਖ ਡਾਰਾ॥	(ਡਾਰਾ) ਦੂਰ ਕੀਤੇ। ਜੱਗਜੀਵਨੋ	Prabh Purakh Jagajeevano Santh Ras Peevano Jap Bharam Moh Dhukh Ddaaraa ||	The Primal Lord God is the Life of the Universe; His Saints drink in the Lord's sublime essence. Meditating on Him, doubts, attachments and pains are shaken off.	ਜੇਹੜਾ ਪਰਮਾਤਮਾ ਸਰਬ-ਵਿਆਪਕ ਹੈ ਸਾਰੇ ਜਗਤ ਦੀ ਜ਼ਿੰਦਗੀ (ਦਾ ਸਹਾਰਾ) ਹੈ, ਸੰਤ ਜਨ ਉਸ ਦੇ ਨਾਮ-ਜਲ ਦਾ ਰਸ ਪੀਂਦੇ ਹਨ, ਉਸ ਦਾ ਨਾਮ ਜਪ ਜਪ ਕੇ ਉਹ (ਆਪਣੇ ਅੰਦਰੋਂ) ਭਟਕਣਾ ਤੇ ਮੋਹ ਦੇ ਦੁੱਖ ਦੂਰ ਕਰ ਲੈਂਦੇ ਹਨ।
20577	454	ਚਾਤ੍ਰਿਕੁ ਜਾਚੈ ਬੂੰਦ ਜਿਉ ਨਾਨਕ ਹਰਿ ਪਿਆਰਾ॥੩॥		Chaathrik Jaachai Boondh Jio Naanak Har Piaaraa ||3||	As the song-bird yearns for the rain-drop, so does Nanak love the Lord. ||3||	ਜਿਵੇਂ ਪਪੀਹਾ (ਵਰਖਾ ਦੀ) ਬੂੰਦ ਮੰਗਦਾ ਹੈ ਤਿਵੇਂ ਸੰਤ ਜਨਾਂ ਵਾਸਤੇ ਪਰਮਾਤਮਾ ਦਾ ਨਾਮ-ਜਲ ਜੀਵਨ ਦਾ ਆਸਰਾ ਹੈ ॥੩॥
20578	454	ਮਿਲੇ ਨਰਾਇਣ ਆਪਣੇ ਮਾਨੋਰਥੋ ਪੂਰਾ ਰਾਮ ਰਾਜੇ॥	(ਮਾਨੋਰਥੋ) ਇੱਛਾ	Milae Naraaein Aapanae Maanorathho Pooraa Raam Raajae ||	Meeting the Lord, my Lord King, my desires are fulfilled.	ਜੇਹੜੇ ਮਨੁੱਖ ਆਪਣੇ ਪਰਮਾਤਮਾ (ਦੇ ਚਰਨਾਂ) ਵਿਚ ਲੀਨ ਹੋ ਜਾਂਦੇ ਹਨ ਉਹਨਾਂ ਦਾ ਜ਼ਿੰਦਗੀ ਦਾ ਨਿਸ਼ਾਨਾ ਪੂਰਾ ਹੋ ਜਾਂਦਾ ਹੈ (ਪ੍ਰਭੂ-ਚਰਨਾਂ ਵਿਚ ਲੀਨ ਹੋਣਾ ਹੀ ਇਨਸਾਨੀ ਜੀਵਨ ਦਾ ਮਨੋਰਥ ਹੈ।)
20579	454	ਢਾਠੀ ਭੀਤਿ ਭਰੰਮ ਕੀ ਭੇਟਤ ਗੁਰੁ ਸੂਰਾ ਰਾਮ ਰਾਜੇ॥	(ਢਾਠੀ) ਢਹਿ ਗਈ। (ਭੀਤਿ) ਕੰਧ	Dtaathee Bheeth Bharanm Kee Bhaettath Gur Sooraa Raam Raajae ||	The walls of doubt have been torn down, meeting the Brave Guru, O Lord King.	ਸੂਰਮੇ ਗੁਰੂ ਨੂੰ ਮਿਲਿਆਂ (ਉਹਨਾਂ ਦੇ ਅੰਦਰੋਂ) ਭਟਕਣਾ ਦੀ ਕੰਧ ਢਹਿ ਜਾਂਦੀ ਹੈ (ਜੇਹੜੀ ਪਰਮਾਤਮਾ ਨਾਲੋਂ ਵਿਛੋੜੀ ਰੱਖਦੀ ਸੀ)।

20580	454	ਪੂਰਨ ਗੁਰ ਪਾਏ ਪੁਰਬਿ ਲਿਖਾਏ ਸਭ ਨਿਧਿ ਦੀਨ ਦਇਆਲਾ॥	(ਪੁਰਬਿ) ਪਹਿਲਾਂ ਦੇ	Pooran Gur Paaeae Purab Likhaaeae Sabh Nidhh Dheen Dhaeiaalaa ||	The Perfect Guru is obtained by perfect pre-ordained destiny; God is the Giver of all treasures - He is merciful to the meek.	(ਪਰ, ਹੇ ਭਾਈ!) ਪੂਰਨ ਗੁਰੂ ਭੀ ਉਹਨਾਂ ਨੂੰ ਹੀ ਮਿਲਦਾ ਹੈ ਜਿਨ੍ਹਾਂ ਦੇ ਮੱਥੇ ਉਤੇ ਪੂਰਬਲੇ ਜੀਵਨ ਅਨੁਸਾਰ ਸਾਰੇ ਸਾਰੇ ਗੁਣਾਂ ਦੇ ਖ਼ਜ਼ਾਨੇ ਦੀਨਾਂ ਉਤੇ ਦਇਆ ਕਰਨ ਵਾਲੇ ਪਰਮਾਤਮਾ ਨੇ (ਗੁਰੂ-ਮਿਲਾਪ ਦਾ ਲੇਖ) ਲਿਖਿਆ ਹੋਇਆ ਹੈ।
20581	454	ਆਦਿ ਮਧਿ ਅੰਤਿ ਪ੍ਰਭੁ ਸੋਈ ਸੁੰਦਰ ਗੁਰ ਗੋਪਾਲਾ॥		Aadh Madhh Anth Prabh Soee Sundhar Gur Gopaalaa ||	In the beginning, in the middle, and in the end, is God, the most beautiful Guru, the Sustainer of the World.	(ਅਜੇਹੇ ਵਡ-ਭਾਗੀਆਂ ਨੂੰ ਇਹ ਨਿਸ਼ਚਾ ਬਣ ਜਾਂਦਾ ਹੈ ਕਿ) ਉਹ ਸਭ ਤੋਂ ਵੱਡਾ ਤੇ ਸ੍ਰਿਸ਼ਟੀ ਦਾ ਪਾਲਣਹਾਰ ਪ੍ਰਭੂ ਹੀ ਜਗਤ ਦੇ ਸ਼ੁਰੂ ਵਿਚ (ਅਟੱਲ) ਸੀ, ਜਗਤ-ਰਚਨਾ ਦੇ ਵਿਚਕਾਰ (ਅਟੱਲ) ਹੈ, ਤੇ ਅਖ਼ੀਰ ਵਿਚ ਭੀ (ਅਟੱਲ) ਰਹੇਗਾ।
20582	454	ਸੂਖ ਸਹਜ ਆਨੰਦ ਘਨੇਰੇ ਪਤਿਤ ਪਾਵਨ ਸਾਧੂ ਧੂਰਾ॥	ਪਤਿਤ	Sookh Sehaj Aanandh Ghanaerae Pathith Paavan Saadhhoo Dhhooraa ||	The dust of the feet of the Holy purifies sinners, and brings great joy, bliss and ecstasy.	ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਪਵਿਤ੍ਰ ਕਰਨ ਵਾਲੇ ਗੁਰੂ ਦੀ ਚਰਨ-ਧੂੜ ਜਿਸ ਮਨੁੱਖ ਨੂੰ ਪ੍ਰਾਪਤ ਹੋ ਜਾਂਦੀ ਹੈ ਉਸ ਨੂੰ ਆਤਮਕ ਅਡੋਲਤਾ ਦੇ ਅਨੇਕਾਂ ਸੁੱਖ-ਆਨੰਦ ਮਿਲ ਜਾਂਦੇ ਹਨ।

20583	454	ਹਰਿ ਮਿਲੇ ਨਰਾਇਣ ਨਾਨਕਾ ਮਾਨੋਰਥੋ ਪੂਰਾ॥੪॥੧॥੩॥		Har Milae Naraaein Naanakaa Maanorathhuo Pooraa ||4||1||3||	The Lord, the Infinite Lord, has met with Nanak, and his desires are fulfilled. ||4||1||3||	ਹੇ ਨਾਨਕ! (ਆਖ-) ਜੇਹੜਾ ਮਨੁੱਖ ਪ੍ਰਭੂ-ਚਰਨਾਂ ਵਿਚ ਮਿਲ ਜਾਂਦਾ ਹੈ ਉਸ ਦਾ ਜੀਵਨ-ਮਨੋਰਥ ਸਫਲ ਹੋ ਜਾਂਦਾ ਹੈ ॥੪॥੧॥੩॥
20584	454	ਆਸਾ ਮਹਲਾ ੫ ਛੰਤ ਘਰੁ ੬		Aasaa Mehalaa 5 Shhanth Ghar 6	Aasaa, Fifth Mehl, Chhant, Sixth House:	ਰਾਗ ਆਸਾ, ਘਰ ੬ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ'।
20585	454	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
20586	454	ਸਲੋਕੁ॥		Salok ||	Shalok:	ਸਲੋਕੁ।
20587	454	ਜਾ ਕਉ ਭਏ ਕ੍ਰਿਪਾਲ ਪ੍ਰਭ ਹਰਿ ਹਰਿ ਸੇਈ ਜਪਾਤ॥		Jaa Ko Bheae Kirapaal Prabh Har Har Saeee Japaath ||	Those beings, unto whom the Lord God shows His Mercy, meditate on the Lord, Har, Har.	ਜਿਨ੍ਹਾਂ ਮਨੁੱਖਾਂ ਉਤੇ ਪ੍ਰਭੂ ਜੀ ਦਇਆਵਾਨ ਹੁੰਦੇ ਹਨ ਉਹੀ ਮਨੁੱਖ ਪਰਮਾਤਮਾ ਦਾ ਨਾਮ ਸਦਾ ਜਪਦੇ ਹਨ।
20588	454	ਨਾਨਕ ਪ੍ਰੀਤਿ ਲਗੀ ਤਿਨ੍ ਰਾਮ ਸਿਉ ਭੇਟਤ ਸਾਧਸੰਗਾਤ॥੧॥		Naanak Preeth Lagee Thinh Raam Sio Bhaettath Saadhh Sangaath ||1||	O Nanak, they embrace love for the Lord, meeting the Saadh Sangat, the Company of the Holy. ||1||	ਪਰ, ਹੇ ਨਾਨਕ! ਗੁਰੂ ਦੀ ਸੰਗਤਿ ਵਿਚ ਮਿਲਿਆਂ ਹੀ ਉਹਨਾਂ ਦੀ ਪ੍ਰੀਤਿ ਪਰਮਾਤਮਾ ਨਾਲ ਬਣਦੀ ਹੈ ॥੧॥
20589	454	ਛੰਤੁ॥	(ਰੀਤਿ) ਮਰਯਾਦਾ। (ਆਚ) ਸੇਕ	Shhanth ||	Chhant:	ਛੰਤੁ।

20590	454	ਜਲ ਦੁਧ ਨਿਆਈ ਰੀਤਿ ਅਬ ਦੁਧ ਆਚ ਨਹੀ ਮਨ ਐਸੀ ਪ੍ਰੀਤਿ ਹਰੇ॥		Jal Dhudhh Niaaee Reeth Ab Dhudhh Aach Nehee Man Aisee Preeth Harae ||	Just like water, which loves milk so much that it will not let it burn - O my mind, so love the Lord.	ਪਰਮਾਤਮਾ ਤੇ ਜੀਵਾਤਮਾ ਦੇ ਪਿਆਰ ਦੀ ਮਰਯਾਦਾ ਪਾਣੀ ਤੇ ਦੁੱਧ ਦੇ ਪਿਆਰ ਵਰਗੀ ਹੈ। (ਜਦੋਂ ਪਾਣੀ ਦੁੱਧ ਨਾਲ ਇੱਕ-ਰੂਪ ਹੋ ਜਾਂਦਾ ਹੈ) ਤਦੋਂ (ਪਾਣੀ) ਦੁੱਧ ਨੂੰ ਸੇਕ ਨਹੀਂ ਲੱਗਣ ਦੇਂਦਾ। ਹੇ ਮਨ! ਪਰਮਾਤਮਾ ਦਾ ਪਿਆਰ ਇਹੋ ਜਿਹਾ ਹੀ ਹੈ (ਉਹ ਜੀਵ ਨੂੰ ਵਿਕਾਰਾਂ ਦਾ ਸੇਕ ਨਹੀਂ ਲੱਗਣ ਦੇਂਦਾ)।
20591	454	ਅਬ ਉਰਝਿਓ ਅਲਿ ਕਮਲੇਹ ਬਾਸਨ ਮਾਹਿ ਮਗਨ ਇਕੁ ਖਿਨੁ ਭੀ ਨਾਹਿ ਟਰੈ॥	(ਅਲਿ) ਭੌਰਾ। (ਕਮਲੇਹ) ਕਮਲ ਫੁੱਲ ਚ	Ab Ourajhiou Al Kamalaeh Baasan Maahi Magan Eik Khin Bhee Naahi Ttarai ||	The bumble bee becomes enticed by the lotus, intoxicated by its fragrance, and does not leave it, even for a moment.	(ਜਦੋਂ ਕੌਲ-ਫੁੱਲ ਖਿੜਦਾ ਹੈ ਆਪਣੀ ਸੁਗੰਧੀ ਖਿਲਾਰਦਾ ਹੈ) ਤਦੋਂ ਭੌਰਾ ਕੌਲ-ਫੁੱਲ ਦੀ ਸੁਗੰਧੀ ਵਿਚ ਮਸਤ ਹੋ ਜਾਂਦਾ ਹੈ (ਕੌਲ-ਫੁੱਲ ਤੋਂ) ਇਕ ਖਿਨ ਵਾਸਤੇ ਭੀ ਪਰੇ ਨਹੀਂ ਹਟਦਾ ਤੇ (ਫੁੱਲ ਦੀਆਂ ਪੱਤੀਆਂ ਵਿਚ) ਫਸ ਜਾਂਦਾ ਹੈ।
20592	454	ਖਿਨੁ ਨਾਹਿ ਟਰੀਐ ਪ੍ਰੀਤਿ ਹਰੀਐ ਸੀਗਾਰ ਹਭਿ ਰਸ ਅਰਪੀਐ॥	(ਹਭਿ) ਸਭ	Khin Naahi Ttareeai Preeth Hareeai Seegaar Habh Ras Arapeeai ||	Do not let up your love for the Lord, even for an instant; dedicate all your decorations and pleasures to Him.	(ਇਸੇ ਤਰ੍ਹਾਂ ਹੇ ਭਾਈ!) ਪਰਮਾਤਮਾ ਦੀ ਪ੍ਰੀਤਿ ਤੋਂ ਇਕ ਖਿਨ ਲਈ ਭੀ ਪਰੇ ਨਹੀਂ ਹਟਣਾ ਚਾਹੀਦਾ, ਸਾਰੇ ਸਰੀਰਕ ਸੁਹਜ ਸਾਰੇ ਮਾਇਕ ਸੁਆਦ (ਉਸ ਪ੍ਰੀਤਿ ਤੋਂ) ਸਦਕੇ ਕਰ ਦੇਣੇ ਚਾਹੀਦੇ ਹਨ।

20593	454	ਜਹ ਦੂਖੁ ਸੁਣੀਐ ਜਮ ਪੰਥੁ ਭਣੀਐ ਤਹ ਸਾਧਸੰਗਿ ਨ ਡਰਪੀਐ॥	(ਪੰਥੁ) ਰਸਤਾ। (ਭਣੀਐ) ਆਖਿਆ ਜਾਂਦਾ	Jeh Dhookh Suneeai Jam Panthh Bhaneeai Theh Saadhhasang N Ddarapeeai ||	Where painful cries are heard, and the Way of Death is shown, there, in the Saadh Sangat, the Company of the Holy, you shall not be afraid.	(ਇਸ ਦਾ ਨਤੀਜਾ ਇਹ ਨਿਕਲਦਾ ਹੈ ਕਿ) ਜਿੱਥੇ ਜਮਾਂ (ਦੇ ਦੇਸ) ਦਾ ਰਸਤਾ ਦੱਸਿਆ ਜਾਂਦਾ ਹੈ ਜਿੱਥੇ ਸੁਣੀਦਾ ਹੈ (ਕਿ ਜਮਾਂ ਪਾਸੋਂ) ਦੁੱਖ (ਮਿਲਦਾ ਹੈ) ਉਥੇ ਗੁਰੂ ਦੀ ਸੰਗਤਿ ਕਰਨ ਦੀ ਬਰਕਤਿ ਨਾਲ ਕੋਈ ਡਰ ਨਹੀਂ ਆਉਂਦਾ।
20594	454	ਕਰਿ ਕੀਰਤਿ ਗੋਵਿੰਦ ਗੁਣੀਐ ਸਗਲ ਪ੍ਰਾਛਤ ਦੁਖ ਹਰੇ॥	(ਪ੍ਰਾਛਤ) ਪਾਪ। (ਹਰੇ) ਨਾਸ ਹੋਏ	Kar Keerath Govindh Guneeai Sagal Praashhath Dhukh Harae ||	Sing the Kirtan, the Praises of the Lord of the Universe, and all sins and sorrows shall depart.	ਸੋ, ਹੇ ਮਨ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਰਹੁ, ਉਹ ਪਰਮਾਤਮਾ ਸਾਰੇ ਪਛੁਤਾਵੇ ਸਾਰੇ ਦੁੱਖ ਦੂਰ ਕਰ ਦੇਂਦਾ ਹੈ।
20595	454	ਕਹੁ ਨਾਨਕ ਛੰਤ ਗੋਵਿੰਦ ਹਰਿ ਕੇ ਮਨ ਹਰਿ ਸਿਉ ਨੇਹੁ ਕਰੇਹੁ ਐਸੀ ਮਨ ਪ੍ਰੀਤਿ ਹਰੇ॥੧॥	(ਹਰੇ) ਹਰਿ ਜੀ ਨਾਲ	Kahu Naanak Shhanth Govindh Har Kae Man Har Sio Naehu Karaehu Aisee Man Preeth Harae ||1||	Says Nanak, chant the Hymns of the Lord, the Lord of the Universe, O mind, and enshrine love for the Lord; love the Lord this way in your mind. ||1||	ਨਾਨਕ ਆਖਦਾ ਹੈ- (ਹੇ ਮਨ! ਗੋਬਿੰਦ ਹਰੀ ਦੀਆਂ ਸਿਫ਼ਤਾਂ ਦੇ ਗੀਤ ਗਾਂਦਾ ਰਹੁ। ਪਰਮਾਤਮਾ ਨਾਲ ਪਿਆਰ ਬਣਾਈ ਰੱਖ। ਹੇ ਮਨ! ਪਰਮਾਤਮਾ ਦੀ ਪ੍ਰੀਤਿ ਇਹੋ ਜਿਹੀ ਹੈ (ਕਿ ਵਿਕਾਰਾਂ ਦਾ ਸੇਕ ਨਹੀਂ ਲੱਗਣ ਦੇਂਦੀ, ਤੇ ਜਮਾਂ ਦੇ ਵੱਸ ਪੈਣ ਨਹੀਂ ਦੇਂਦੀ) ॥੧॥

20596	454	ਜੈਸੀ ਮਛੁਲੀ ਨੀਰ ਇਕੁ ਖਿਨੁ ਭੀ ਨਾ ਧੀਰੇ ਮਨ ਐਸਾਨੇਹੁ ਕਰੇਹੁ॥		Jaisee Mashhulee Neer Eik Khin Bhee Naa Dhheerae Man Aisaa Naehu Karaehu ||	As the fish loves the water, and is not content even for an instant outside it, O my mind, love the Lord in this way.	ਹੇ (ਮੇਰੇ) ਮਨ! ਤੂੰ (ਪਰਮਾਤਮਾ ਨਾਲ) ਇਹੋ ਜਿਹਾ ਪ੍ਰੇਮ ਬਣਾ ਜਿਹੋ ਜਿਹਾ ਮੱਛੀ ਦਾ ਪਾਣੀ ਨਾਲ ਹੈ (ਮੱਛੀ ਪਾਣੀ ਤੋਂ ਬਿਨਾ) ਇਕ ਖਿਨ ਭੀ ਨਹੀਂ ਜੀਊ ਸਕਦੀ;
20597	455	ਜੈਸੀ ਚਾਤ੍ਰਿਕ ਪਿਆਸ ਖਿਨੁ ਖਿਨੁ ਬੂੰਦ ਚਵੈ ਬਰਸੁ ਸੁਹਾਵੇ ਮੇਹੁ॥	ਬੂੰਦ ਲਈ (ਚਵੈ) ਕਹੇ। (ਸੁਹਾਵੇ) ਸੋਹਣੇ (ਮੇਹੁ) ਬੱਦਲ। ਚਾਤ੍ਰਿ ਕ	Jaisee Chaathrik Piaas Khin Khin Boondh Chavai Baras Suhaavae Maehu ||	Like the song-bird, thirsting for the rain-drops, chirping each and every moment to the beautiful rain clouds.	ਜਿਹੋ ਜਿਹਾ (ਪਪੀਹੇ ਦਾ ਪ੍ਰੇਮ ਵਰਖਾ-ਬੂੰਦ ਨਾਲ ਹੈ), ਪਪੀਹਾ ਤਿਹਾਇਆ ਹੈ (ਪਰ ਹੋਰ ਪਾਣੀ ਨਹੀਂ ਪੀਂਦਾ, ਉਹ) ਮੁੜ ਮੁੜ ਵਰਖਾ ਦੀ ਕਣੀ ਮੰਗਦਾ ਹੈ, ਤੇ ਬੱਦਲ ਨੂੰ ਆਖਦਾ ਹੈ-ਹੇ ਸੋਹਣੇ (ਮੇਘ)! ਵਰਖਾ ਕਰ।
20598	455	ਹਰਿ ਪ੍ਰੀਤਿ ਕਰੀਜੈ ਇਹੁ ਮਨੁ ਦੀਜੈ ਅਤਿ ਲਾਈਐ ਚਿਤੁ ਮੁਰਾਰੀ॥	ਅਤਿ: ਪੋਲਾ ਬੋਲੋ	Har Preeth Kareejai Eihu Man Dheejai Ath Laaeeai Chith Muraaree ||	So love the Lord, and give to Him this mind of yours; totally focus your consciousness on the Lord.	ਪਰਮਾਤਮਾ ਨਾਲ ਪਿਆਰ ਪਾਣਾ ਚਾਹੀਦਾ ਹੈ (ਪਿਆਰ ਦੇ ਵੱਟੇ ਆਪਣਾ) ਇਹ ਮਨ ਉਸ ਦੇ ਹਵਾਲੇ ਕਰਨਾ ਚਾਹੀਦਾ ਹੈ (ਤੇ ਇਸ ਤਰ੍ਹਾਂ) ਮਨ ਨੂੰ ਪਰਮਾਤਮਾ ਦੇ ਚਰਨਾਂ ਵਿਚ ਜੋੜਨਾ ਚਾਹੀਦਾ ਹੈ;
20599	455	ਮਾਨੁ ਨ ਕੀਜੈ ਸਰਣਿ ਪਰੀਜੈ ਦਰਸਨ ਕਉ ਬਲਿਹਾਰੀ॥		Maan N Keejai Saran Pareejai Dharasan Ko Balihaaree ||	Do not take pride in yourself, but seek the Sanctuary of the Lord, and make yourself a sacrifice to the Blessed Vision of His Darshan.	ਅਹੰਕਾਰ ਨਹੀਂ ਕਰਨਾ ਚਾਹੀਦਾ, ਪਰਮਾਤਮਾ ਦੀ ਸਰਨ ਪੈਣਾ ਚਾਹੀਦਾ ਹੈ, ਉਸ ਦੇ ਦਰਸਨ ਦੀ ਖ਼ਾਤਰ ਆਪਣਾ ਆਪ ਸਦਕੇ ਕਰਨਾ ਚਾਹੀਦਾ ਹੈ।

20600	455	ਗੁਰ ਸੁਪ੍ਰਸੰਨੇ ਮਿਲੁ ਨਾਹ ਵਿਛੁੰਨੇ ਧਨ ਦੇਦੀ ਸਾਚੁ ਸਨੇਹਾ॥	ਸੁਪ੍ਰਸੰਨੇ। (ਨਾਹ) ਖਸਮ ਹਰਿ ਜੀ। (ਵਿਛੁੰਨੇ) ਵਿਛੁੜੇ। ਦੇਂਦੀ	Gur Suprasannae Mil Naah Vishhunnae Dhhan Dhaedhee Saach Sanaehaa ||	When the Guru is totally pleased, the separated soul-bride is re-united with her Husband Lord; she sends the message of her true love.	ਜਿਸ ਜੀਵ-ਇਸਤ੍ਰੀ ਉਤੇ ਗੁਰੂ ਦਇਆਵਾਨ ਹੁੰਦਾ ਹੈ ਉਹ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰਦੀ ਹੈ ਤੇ ਉਸ ਦੇ ਦਰ ਤੇ ਅਰਜ਼ੋਈ ਕਰਦੀ ਹੈ-ਹੇ ਵਿਛੁੜੇ ਹੋਏ ਪ੍ਰਭੂ-ਪਤੀ! ਮੈਨੂੰ (ਆ ਕੇ) ਮਿਲ।
20601	455	ਕਹੁ ਨਾਨਕ ਛੰਤ ਅਨੰਤ ਠਾਕੁਰ ਕੇ ਹਰਿ ਸਿਉ ਕੀਜੈ ਨੇਹਾ ਮਨ ਐਸਾ ਨੇਹੁ ਕਰੇਹੁ॥੨॥	(ਛੰਤ) ਸਿਫ਼ਤ ਸਲਾਹ ਦੇ ਗੀਤ। (ਅਨੰਤ) ਬੇਅੰਤ	Kahu Naanak Shhanth Ananth Thaakur Kae Har Sio Keejai Naehaa Man Aisaa Naehu Karaehu ||2||	Says Nanak, chant the Hymns of the Infinite Lord Master; O my mind, love Him and enshrine such love for Him. ||2||	ਹੇ ਨਾਨਕ! ਤੂੰ ਭੀ ਬੇਅੰਤ ਮਾਲਕ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾ। ਹੇ (ਮੇਰੇ) ਮਨ! ਪਰਮਾਤਮਾ ਨਾਲ ਪਿਆਰ ਬਣਾ, ਅਜੇਹਾ ਪਿਆਰ (ਜਿਹੋ ਜਿਹਾ ਮੱਛੀ ਦਾ ਪਾਣੀ ਨਾਲ ਹੈ ਜਿਹੋ ਜਿਹਾ ਪਪੀਹੇ ਦਾ ਵਰਖਾ ਬੂੰਦ ਨਾਲ ਹੈ) ॥੨॥
20602	455	ਚਕਵੀ ਸੂਰ ਸਨੇਹੁ ਚਿਤਵੈ ਆਸ ਘਣੀ ਕਦਿ ਦਿਨੀਅਰੁ ਦੇਖੀਐ॥	(ਸੂਰ) ਸੂਰਜ। (ਦਿਨੀਅਰੁ)ਸੂਰਜ	Chakavee Soor Sanaehu Chithavai Aas Ghanee Kadh Dhineear Dhaekheeai ||	The chakvi bird is in love with the sun, and thinks of it constantly; her greatest longing is to behold the dawn.	ਹੇ (ਮੇਰੇ) ਮਨ! (ਤੈਨੂੰ) ਪਰਮਾਤਮਾ ਨਾਲ ਪਿਆਰ ਕਰਨਾ ਚਾਹੀਦਾ ਹੈ (ਉਹੋ ਜਿਹਾ ਪਿਆਰ ਜਿਹੋ ਜਿਹਾ ਚਕਵੀ ਸੂਰਜ ਨਾਲ ਕਰਦੀ ਹੈ ਤੇ ਕੋਇਲ ਅੰਬ ਨਾਲ ਕਰਦੀ ਹੈ)। ਚਕਵੀ ਦਾ ਸੂਰਜ ਨਾਲ ਪਿਆਰ ਹੈ, ਉਹ (ਸਾਰੀ ਰਾਤ ਸੂਰਜ ਦਾ ਹੀ) ਚੇਤਾ ਕਰਦੀ ਰਹਿੰਦੀ ਹੈ, ਬੜੀ ਤਾਂਘ ਕਰਦੀ ਹੈ ਕਿ ਕਦੋਂ ਸੂਰਜ ਦਾ ਦੀਦਾਰ ਹੋਵੇਗਾ।

20603	455	ਕੋਕਿਲ ਅੰਬ ਪਰੀਤਿ ਚਵੈ ਸੁਹਾਵੀਆ ਮਨ ਹਰਿ ਰੰਗੁ ਕੀਜੀਐ॥	(ਚਵੈ)ਬੋਲਦੀ ਹੈ	Kokil Anb Pareeth Chavai Suhaaveeaa Man Har Rang Keejeeai ||	The cuckoo is in love with the mango tree, and sings so sweetly. O my mind, love the Lord in this way.	(ਉਹੋ ਜਿਹਾ ਪਿਆਰ ਜਿਹੋ ਜਿਹਾ ਕੋਇਲ ਅੰਬ ਨਾਲ ਕਰਦੀ ਹੈ) ਕੋਇਲ ਦਾ ਅੰਬ ਨਾਲ ਪਿਆਰ ਹੈ (ਉਹ ਅੰਬ ਦੇ ਰੁੱਖ ਉਤੇ ਬੈਠ ਕੇ) ਸੋਹਣਾ ਬੋਲਦੀ ਹੈ। ਪਰਮਾਤਮਾ ਨਾਲ ਪਿਆਰ ਪਾਣਾ ਚਾਹੀਦਾ ਹੈ।
20604	455	ਹਰਿ ਪ੍ਰੀਤਿ ਕਰੀਜੈ ਮਾਨੁ ਨ ਕੀਜੈ ਇਕ ਰਾਤੀ ਕੇ ਹਭਿ ਪਾਹੁਣਿਆ॥	(ਹੱਭਿ) ਸਭ। (ਪਾਹੁਣਿਆ) ਪ੍ਰਾਹੁਣੇ	Har Preeth Kareejai Maan N Keejai Eik Raathee Kae Habh Paahuniaa ||	Love the Lord, and do not take pride in yourself; everyone is a guest for a single night.	(ਆਪਣੇ ਕਿਸੇ ਧਨ-ਪਦਾਰਥ ਆਦਿਕ ਦਾ) ਅਹੰਕਾਰ ਨਹੀਂ ਕਰਨਾ ਚਾਹੀਦਾ (ਇਥੇ ਅਸੀ) ਸਾਰੇ ਇਕ ਰਾਤ ਦੇ ਪ੍ਰਾਹੁਣੇ (ਹੀ) ਹਾਂ।
20605	455	ਅਬ ਕਿਆ ਰੰਗੁ ਲਾਇਓ ਮੋਹੁ ਰਚਾਇਓ ਨਾਗੇ ਆਵਣ ਜਾਵਣਿਆ॥	ਨਾਂਗੇ	Ab Kiaa Rang Laaeiou Mohu Rachaaeiou Naagae Aavan Jaavaniaa ||	Now, why are you entangled in pleasures, and engrossed in emotional attachment? Naked we come, and naked we go.	ਫਿਰ ਭੀ ਤੂੰ ਕਿਉਂ (ਜਗਤ ਨਾਲ) ਪਿਆਰ ਪਾਇਆ ਹੈ, ਮਾਇਆ ਨਾਲ ਮੋਹ ਬਣਾਇਆ ਹੋਇਆ ਹੈ, (ਇਥੇ ਸਭ) ਨੰਗੇ (ਖ਼ਾਲੀ-ਹੱਥ) ਆਉਂਦੇ ਹਨ ਤੇ (ਇਥੋਂ) ਨੰਗੇ (ਖ਼ਾਲੀ-ਹੱਥ) ਹੀ ਚਲੇ ਜਾਂਦੇ ਹਨ।

20606	455	ਥਿਰੁ ਸਾਧੂ ਸਰਣੀ ਪੜੀਐ ਚਰਣੀ ਅਬ ਟੂਟਸਿ ਮੋਹੁ ਜੁ ਕਿਤੀਐ॥	(ਕਿਤੀਐ) ਬਣਾਇਆ ਹੋਇਆ। ਪੜੀਐ: ਝਾੜੇ ਹਲੰਤ ਨ ਲਾਉ	Thhir Saadhhoo Saranee Parreeai Charanee Ab Ttoottas Mohu J Kitheeai ||	Seek the eternal Sanctuary of the Holy and fall at their feet, and the attachments which you feel shall depart.	ਗੁਰੂ ਦਾ ਆਸਰਾ ਲੈਣਾ ਚਾਹੀਦਾ ਹੈ, ਗੁਰੂ ਦੇ ਚਰਨੀਂ ਪੈਣਾ ਚਾਹੀਦਾ ਹੈ (ਗੁਰੂ ਦੀ ਸਰਨ ਪਿਆਂ ਹੀ ਮਨ) ਅਡੋਲ ਹੋ ਸਕਦਾ ਹੈ, ਤੇ ਤਦੋਂ ਹੀ ਇਹ ਮੋਹ ਟੁੱਟੇਗਾ ਜੇਹੜਾ ਤੂੰ (ਮਾਇਆ ਨਾਲ) ਬਣਾਇਆ ਹੋਇਆ ਹੈ।
20607	455	ਕਹੁ ਨਾਨਕ ਛੰਤ ਦਇਆਲ ਪੁਰਖ ਕੇ ਮਨ ਹਰਿ ਲਾਇ ਪਰੀਤਿ ਕਬ ਦਿਨੀਅਰੁ ਦੇਖੀਐ॥੩॥	(ਦਿਨੀਅਰੁ) ਸੂਰਜ। ਦ-ਇਆਲ	Kahu Naanak Shhanth Dhaeiaal Purakh Kae Man Har Laae Pareeth Kab Dhineear Dhaekheeai ||3||	Says Nanak, chant the Hymns of the Merciful Lord God, and enshrine love for the Lord, O my mind; otherwise, how will you come to behold the dawn? ||3||	ਹੇ ਨਾਨਕ! ਦਇਆ ਦੇ ਘਰ ਸਰਬ-ਵਿਆਪਕ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਇਆ ਕਰ, ਆਪਣੇ ਮਨ ਵਿਚ ਪਰਮਾਤਮਾ ਨਾਲ ਪਿਆਰ ਬਣਾ (ਉਸੇ ਤਰ੍ਹਾਂ ਜਿਵੇਂ ਚਕਵੀ ਸਾਰੀ ਰਾਤ ਤਾਂਘ ਕਰਦੀ ਰਹਿੰਦੀ ਹੈ ਕਿ) ਕਦੋਂ ਸੂਰਜ ਦਾ ਦਰਸਨ ਹੋਵੇਗਾ ॥੩॥
20608	455	ਨਿਸਿ ਕੁਰੰਕ ਜੈਸੇ ਨਾਦ ਸੁਣਿ ਸ੍ਰਵਣੀ ਹੀਉ ਡਿਵੈ ਮਨ ਐਸੀ ਪ੍ਰੀਤਿ ਕੀਜੈ॥	(ਨਿਸਿ) ਰਾਤ ਨੂੰ। (ਕੁ-ਰੰਕ)ਹਿਰਨ।(ਹੀਉ)ਹਿਰਦਾ। (ਡਿਵੈ)ਦਿੰਦਾ ਹੈ	Nis Kurank Jaisae Naadh Sun Sravanee Heeo Ddivai Man Aisee Preeth Keejai ||	Like the deer in the night, who hears the sound of the bell and gives his heart - O my mind, love the Lord in this way.	ਹੇ (ਮੇਰੇ) ਮਨ! ਪਰਮਾਤਮਾ ਨਾਲ ਇਹੋ ਜਿਹਾ ਪਿਆਰ ਪਾਣਾ ਚਾਹੀਦਾ ਹੈ ਜਿਹੋ ਜਿਹਾ ਪਿਆਰ ਹਰਨ ਪਾਂਦਾ ਹੈ, ਰਾਤ ਵੇਲੇ ਹਰਨ ਘੰਡੇ ਹੇੜੇ ਦੀ ਆਵਾਜ਼ ਆਪਣੇ ਕੰਨੀਂ ਸੁਣ ਕੇ ਆਪਣਾ ਹਿਰਦਾ (ਉਸ ਆਵਾਜ਼ ਦੇ) ਹਵਾਲੇ ਕਰ ਦੇਂਦਾ ਹੈ।

20609	455	ਜੈਸੀ ਤਰੁਣਿ ਭਤਾਰ ਉਰਝੀ ਪਿਰਹਿ ਸਿਵੈ ਇਹੁ ਮਨੁ ਲਾਲ ਦੀਜੈ॥	(ਤਰੁਣਿ) ਜੁਆਨ ਇਸਤ੍ਰੀ। (ਸਿਵੈ)ਸੇਵਾ ਚ	Jaisee Tharun Bhathaar Ourajhee Pirehi Sivai Eihu Man Laal Dheejai ||	Like the wife, who is bound by love to her husband, and serves her beloved - like this, give your heart to the Beloved Lord.	ਜਿਵੇਂ ਜਵਾਨ ਇਸਤ੍ਰੀ ਆਪਣੇ ਪਤੀ ਦੇ ਪਿਆਰ ਵਿਚ ਬੱਝੀ ਹੋਈ ਪਤੀ ਦੀ ਸੇਵਾ ਕਰਦੀ ਹੈ, (ਉਸੇ ਤਰ੍ਹਾਂ ਹੇ ਭਾਈ!) ਆਪਣਾ ਇਹ ਮਨ ਸੋਹਣੇ ਪ੍ਰਭੂ ਨੂੰ ਦੇਣਾ ਚਾਹੀਦਾ ਹੈ, ਤੇ ਉਸ ਦੇ ਮਿਲਾਪ ਦਾ ਆਨੰਦ ਮਾਣਨਾ ਚਾਹੀਦਾ ਹੈ।
20610	455	ਮਨੁ ਲਾਲਹਿ ਦੀਜੈ ਭੋਗ ਕਰੀਜੈ ਹਭਿ ਖੁਸੀਆ ਰੰਗ ਮਾਣੇ॥	(ਹੱਭਿ) ਸਭ	Man Laalehi Dheejai Bhog Kareejai Habh Khuseeaa Rang Maanae ||	Give your heart to your Beloved Lord, and enjoy His bed, and enjoy all pleasure and bliss.	(ਜੇਹੜੀ ਜੀਵ-ਇਸਤ੍ਰੀ ਆਪਣਾ ਮਨ ਪ੍ਰਭੂ-ਪਤੀ ਦੇ ਹਵਾਲੇ ਕਰਦੀ ਹੈ ਉਹ ਉਸ) ਦੇ ਮਿਲਾਪ ਦੀਆਂ ਸਾਰੀਆਂ ਖ਼ੁਸ਼ੀਆਂ ਮਿਲਾਪ ਦੇ ਸਾਰੇ ਆਨੰਦ ਮਾਣਦੀ ਹੈ।
20611	455	ਪਿਰੁ ਅਪਨਾ ਪਾਇਆ ਰੰਗੁ ਲਾਲੁ ਬਣਾਇਆ ਅਤਿ ਮਿਲਿਓ ਮਿਤ੍ਰ ਚਿਰਾਣੇ॥	(ਚਿਰਾਣੇ) ਚਿਰ ਪਿੱਛੋਂ	Pir Apanaa Paaeiaa Rang Laal Banaaeiaa Ath Miliou Mithr Chiraanae ||	I have obtained my Husband Lord, and I am dyed in the deep crimson color of His Love; after such a long time, I have met my Friend.	ਉਹ ਆਪਣੇ ਪ੍ਰਭੂ-ਪਤੀ ਨੂੰ (ਆਪਣੇ ਅੰਦਰ ਹੀ) ਲੱਭ ਲੈਂਦੀ ਹੈ, ਉਹ ਆਪਣੀ ਆਤਮਾ ਨੂੰ ਗੂੜ੍ਹਾ ਪ੍ਰੇਮ-ਰੰਗ ਚਾੜ੍ਹ ਲੈਂਦੀ ਹੈ (ਜਿਵੇਂ ਸੁਹਾਗਣ ਲਾਲ ਕੱਪੜਾ ਪਹਿਨਦੀ ਹੈ) ਉਹ ਮੁੱਢ ਕਦੀਮਾਂ ਦੇ ਮਿੱਤਰ ਪ੍ਰਭੂ-ਪਤੀ ਨੂੰ ਮਿਲ ਪੈਂਦੀ ਹੈ।

20612	455	ਗੁਰੁ ਥੀਆ ਸਾਖੀ ਤਾ ਡਿਠਮੁ ਆਖੀ ਪਿਰ ਜੇਹਾ ਅਵਰੁ ਨ ਦੀਸੈ॥	(ਸਾਖੀ) ਗਵਾਹ। (ਡਿਠਮੁ) ਦੇਖਿਆ। ਆਖੀਂ	Gur Thheeaa Saakhee Thaa Dditham Aakhee Pir Jaehaa Avar N Dheesai ||	When the Guru became my advocate, then I saw the Lord with my eyes. No one else looks like my Beloved Husband Lord.	(ਹੇ ਸਖੀ! ਜਦੋਂ ਤੋਂ) ਗੁਰੂ ਮੇਰਾ ਵਿਚੋਲਾ ਬਣਿਆ ਹੈ, ਮੈਂ ਪ੍ਰਭੂ-ਪਤੀ ਨੂੰ ਆਪਣੀਆਂ ਅੱਖਾਂ ਨਾਲ ਵੇਖ ਲਿਆ ਹੈ, ਮੈਨੂੰ ਪ੍ਰਭੂ-ਪਤੀ ਵਰਗਾ ਹੋਰ ਕੋਈ ਨਹੀਂ ਦਿੱਸਦਾ।
20613	455	ਕਹੁ ਨਾਨਕ ਛੰਤ ਦਇਆਲ ਮੋਹਨ ਕੇ ਮਨ ਹਰਿ ਚਰਣ ਗਹੀਜੈ ਐਸੀ ਮਨ ਪ੍ਰੀਤਿ ਕੀਜੈ॥੪॥੧॥੪॥	(ਗਹੀਜੈ) ਪਕੜ	Kahu Naanak Shhanth Dhaeiaal Mohan Kae Man Har Charan Geheejai Aisee Man Preeth Keejai ||4||1||4||	Says Nanak, chant the Hymns of the merciful and fascinating Lord, O mind. Grasp the lotus feet of the Lord, and enshrine such love for Him in your mind. ||4||1||4||	ਹੇ ਨਾਨਕ! (ਆਖ-) ਹੇ ਮੇਰੇ ਮਨ! ਦਇਆ ਦੇ ਘਰ, ਤੇ ਮਨ ਨੂੰ ਮੋਹ ਲੈਣ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹੁ। ਹੇ ਮਨ! ਪਰਮਾਤਮਾ ਨਾਲ ਇਹੋ ਜਿਹਾ ਪ੍ਰੇਮ ਪਾਣਾ ਚਾਹੀਦਾ ਹੈ (ਜਿਹੋ ਜਿਹਾ ਹਰਨ ਨਾਦ ਨਾਲ ਪਾਂਦਾ ਹੈ ਜਿਹੋ ਜਿਹਾ ਜਵਾਨ ਇਸਤ੍ਰੀ ਆਪਣੇ ਪਤੀ ਨਾਲ ਪਾਂਦੀ ਹੈ) ॥੪॥੧॥੪॥
20614	455	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl||	
20615	455	ਸਲੋਕੁ॥		Salok ||	Shalok:	
20616	455	ਬਨੁ ਬਨੁ ਫਿਰਤੀ ਖੋਜਤੀ ਹਾਰੀ ਬਹੁ ਅਵਗਾਹਿ॥	(ਅਵਗਾਹਿ) ਖੋਜ ਖੋਜ ਕੇ	Ban Ban Firathee Khojathee Haaree Bahu Avagaahi ||	From forest to forest, I wandered searching; I am so tired of taking baths at sacred shrines of pilgrimage.	(ਸਾਰੀ ਲੁਕਾਈ ਪਰਮਾਤਮਾ ਦੀ ਪ੍ਰਾਪਤੀ ਵਾਸਤੇ) ਹਰੇਕ ਜੰਗਲ ਖੋਜਦੀ ਫਿਰੀ, (ਜੰਗਲਾਂ ਵਿਚ) ਭਾਲ ਕਰ ਕਰ ਥੱਕ ਗਈ (ਪਰ ਪਰਮਾਤਮਾ ਨਾਹ ਲੱਭਾ)।

20617	455	ਨਾਨਕ ਭੇਟੇ ਸਾਧ ਜਬ ਹਰਿ ਪਾਇਆ ਮਨ ਮਾਹਿ॥੧॥		Naanak Bhaettae Saadhh Jab Har Paaeiaa Man Maahi ||1||	O Nanak, when I met the Holy Saint, I found the Lord within my mind. ||1||	ਹੇ ਨਾਨਕ! (ਜਿਸ ਵਡ-ਭਾਗੀ ਨੂੰ) ਜਦੋਂ ਗੁਰੂ ਮਿਲ ਪਿਆ, ਉਸ ਨੇ ਆਪਣੇ ਮਨ ਵਿਚ (ਪਰਮਾਤਮਾ ਨੂੰ) ਲੱਭ ਲਿਆ ॥੧॥
20618	455	ਛੰਤ॥		Shhanth ||	Chhant:	ਛੰਤ।
20619	455	ਜਾ ਕਉ ਖੋਜਹਿ ਅਸੰਖ ਮੁਨੀ ਅਨੇਕ ਤਪੇ॥		Jaa Ko Khojehi Asankh Munee Anaek Thapae ||	Countless silent sages and innumerable ascetics seek Him;	ਜਿਸ ਪਰਮਾਤਮਾ ਨੂੰ ਬੇਅੰਤ ਸਮਾਧੀ-ਇਸਥਿਤ ਰਿਸ਼ੀ ਅਤੇ ਅਨੇਕਾਂ ਧੂਣੀਆਂ ਤਪਾਣ ਵਾਲੇ ਸਾਧੂ ਲੱਭਦੇ ਹਨ,
20620	455	ਬ੍ਰਹਮੇ ਕੋਟਿ ਅਰਾਧਹਿ ਗਿਆਨੀ ਜਾਪ ਜਪੇ॥		Brehamae Kott Araadhhehi Giaanee Jaap Japae ||	Millions of Brahmas meditate and adore Him; the spiritual teachers meditate and chant His Name.	ਕ੍ਰੋੜਾਂ ਹੀ ਬ੍ਰਹਮਾ ਅਤੇ ਧਰਮ-ਪੁਸਤਕਾਂ ਦੇ ਵਿਦਵਾਨ ਜਿਸ ਦਾ ਜਾਪ ਜਪ ਕੇ ਆਰਾਧਨ ਕਰਦੇ ਹਨ।
20621	455	ਜਪ ਤਾਪ ਸੰਜਮ ਕਿਰਿਆ ਪੂਜਾ ਅਨਿਕ ਸੋਧਨ ਬੰਦਨਾ॥	(ਸੋਧਨ)ਸੁੱਚਮ	Jap Thaap Sanjam Kiriaa Poojaa Anik Sodhhan Bandhanaa ||	Through chanting, deep meditation, strict and austere self-discipline, religious rituals, sincere worship, endless purifications and humble salutations,	ਜਿਸ ਨਿਰਲੇਪ ਪ੍ਰਭੂ ਨੂੰ ਮਿਲਣ ਵਾਸਤੇ ਲੋਕ ਕਈ ਕਿਸਮ ਦੇ ਜਪ ਤਪ ਕਰਦੇ ਹਨ, ਇੰਦ੍ਰਿਆਂ ਨੂੰ ਵੱਸ ਕਰਨ ਦੇ ਜਤਨ ਕਰਦੇ ਹਨ, ਅਨੇਕਾਂ (ਮਿਥੀਆਂ) ਧਾਰਮਿਕ ਰਸਮਾਂ ਤੇ ਪੂਜਾ ਕਰਦੇ ਹਨ, ਆਪਣੇ ਸਰੀਰ ਨੂੰ ਪਵਿਤ੍ਰ ਕਰਨ ਦੇ ਸਾਧਨ ਅਤੇ (ਡੰਡਉਤ) ਬੰਦਨਾ ਕਰਦੇ ਹਨ,

20622	455	ਕਰਿ ਗਵਨੁ ਬਸੁਧਾ ਤੀਰਥਹ ਮਜਨੁ ਮਿਲਨ ਕਉ ਨਿਰੰਜਨਾ॥	(ਗਵਨ) ਭਰਮਣ। (ਬਸੁ-ਧਾ) ਧਰਤੀ।ਬਸੁਧਾ:ਪੋਲਾ ਬੋਲੋ। ਮੱਜਨੁ	Kar Gavan Basudhhaa Theerathheh Majan Milan Ko Niranjanaa ||	Wandering all over the earth and bathing at sacred shrines of pilgrimage, people seek to meet the Pure Lord.	(ਤਿਆਗੀ ਬਣ ਕੇ) ਸਾਰੀ ਧਰਤੀ ਦਾ ਚੱਕਰ ਲਾਂਦੇ ਹਨ (ਸਾਰੇ) ਤੀਰਥਾਂ ਦੇ ਇਸ਼ਨਾਨ ਕਰਦੇ ਹਨ (ਉਹ ਪਰਮਾਤਮਾ ਗੁਰੂ ਦੀ ਕਿਰਪਾ ਨਾਲ ਸਾਧ ਸੰਗਤਿ ਵਿਚ ਮਿਲ ਪੈਂਦਾ ਹੈ)।
20623	455	ਮਾਨੁਖ ਬਨੁ ਤਿਨੁ ਪਸੂ ਪੰਖੀ ਸਗਲ ਤੁਝਹਿ ਅਰਾਧਤੇ॥	(ਅਰਾਧਤੇ) ਸਿਮਰਦੇ	Maanukh Ban Thin Pasoo Pankhee Sagal Thujhehi Araadhhathae ||	Mortals, forests, blades of grass, animals and birds all meditate on You.	ਹੇ ਦਇਆ ਦੇ ਸੋਮੇ ਗੋਬਿੰਦ! ਹੇ ਮੇਰੇ ਪਿਆਰੇ ਪ੍ਰਭੂ! ਮਨੁੱਖ, ਜੰਗਲ, ਬਨਸਪਤੀ, ਪਸ਼ੂ, ਪੰਛੀ- ਇਹ ਸਾਰੇ ਹੀ ਤੇਰਾ ਆਰਾਧਨ ਕਰਦੇ ਹਨ।
20624	455	ਦਇਆਲ ਲਾਲ ਗੋਬਿੰਦ ਨਾਨਕ ਮਿਲੁ ਸਾਧਸੰਗਤਿ ਹੋਇ ਗਤੇ॥੧॥	(ਗਤੇ) ਕਲਿਆਣ।ਗਤੇ:ਪੋਲਾ ਬੋਲੋ	Dhaeiaal Laal Gobindh Naanak Mil Saadhhasangath Hoe Gathae ||1||	The Merciful Beloved Lord, the Lord of the Universe is found; O Nanak, joining the Saadh Sangat, the Company of the Holy, salvation is attained. ||1||	(ਮੈਂ ਨਾਨਕ ਉਤੇ ਦਇਆ ਕਰ, ਮੈਨੂੰ) ਨਾਨਕ ਨੂੰ ਗੁਰੂ ਦੀ ਸੰਗਤਿ ਵਿਚ ਮਿਲਾ, ਤਾ ਕਿ ਮੈਨੂੰ ਉੱਚੀ ਆਤਮਕ ਅਵਸਥਾ ਪ੍ਰਾਪਤ ਹੋ ਜਾਏ ॥੧॥
20625	455	ਕੋਟਿ ਬਿਸਨ ਅਵਤਾਰ ਸੰਕਰ ਜਟਾਧਾਰ॥	(ਸੰਕਰ) ਸ਼ਿਵਜੀ	Kott Bisan Avathaar Sankar Jattaadhhaar ||	Millions of incarnations of Vishnu and Shiva, with matted hair	ਹੇ ਦਇਆਲ ਹਰੀ! ਵਿਸ਼ਨੂੰ ਦੇ ਕ੍ਰੋੜਾਂ ਅਵਤਾਰ ਅਤੇ ਕ੍ਰੋੜਾਂ ਜਟਾਧਾਰੀ ਸ਼ਿਵ ਤੈਨੂੰ (ਮਿਲਣਾ) ਲੋਚਦੇ ਹਨ,
20626	455	ਚਾਹਹਿ ਤੁਝਹਿ ਦਇਆਰ ਮਨਿ ਤਨਿ ਰੁਚ ਅਪਾਰ॥	ਚਾਹ-ਹਿ। ਤੁਝ-ਹਿ। ਦ-ਇਆਰ।(ਰੁਚ) ਤਾਂਘ।	Chaahehi Thujhehi Dhaeiaar Man Than Ruch Apaar ||	Yearn for You, O Merciful Lord; their minds and bodies are filled with infinite longing.	ਉਹਨਾਂ ਦੇ ਮਨ ਵਿਚ ਉਹਨਾਂ ਦੇ ਹਿਰਦੇ ਵਿਚ (ਤੇਰੇ ਮਿਲਣ ਦੀ) ਤਾਂਘ ਰਹਿੰਦੀ ਹੈ।

20627	455	ਅਪਾਰ ਅਗਮ ਗੋਬਿੰਦ ਠਾਕੁਰ ਸਗਲ ਪੂਰਕ ਪ੍ਰਭ ਧਨੀ॥	(ਪੂਰਕ) ਪੂਰੀਆਂ ਕਰਨ ਵਾਲੇ	Apaar Agam Gobindh Thaakur Sagal Poorak Prabh Dhhanee ||	The Lord Master, the Lord of the Universe, is infinite and unapproachable; God is the all-pervading Lord of all.	ਹੇ ਬੇਅੰਤ ਪ੍ਰਭੂ! ਹੇ ਅਪਹੁੰਚ ਪ੍ਰਭੂ! ਹੇ ਗੋਬਿੰਦ! ਹੇ ਠਾਕੁਰ! ਹੇ ਸਭ ਦੀ ਕਾਮਨਾ ਪੂਰੀ ਕਰਨ ਵਾਲੇ ਪ੍ਰਭੂ! ਹੇ ਸਭ ਦੇ ਮਾਲਕ!
20628	455	ਸੁਰ ਸਿਧ ਗਣ ਗੰਧਰਬ ਧਿਆਵਹਿ ਜਖ ਕਿੰਨਰ ਗੁਣ ਭਨੀ॥	(ਗਣ) ਸ਼ਿਵਜੀ ਦੇ ਸੇਵਕ। (ਗੰ-ਧਰਬ) ਦੇਵਤਿਆਂ ਦੇ ਰਾਗੀ। (ਜਖ ਕਿੰਨਰ) ਦੇਵਤਿਆਂ ਦੀਆਂ ਜਾਤੀਆਂ। (ਭਨੀ) ਉਚਾਰਦੇ।ਬਨੀ: ਪੋਲਾ ਬੋਲੋ	Sur Sidhh Gan Gandhharab Dhhiaavehi Jakh Kinnar Gun Bhanee ||	The angels,the Siddhas,the beings of spiritual perfection,the heavenly heralds and celestial singers meditate on You. The Yakhsha demons,the guards of the divine treasures,and the Kinnars, the dancers of the god of wealth chant Your Glorious Praises.	ਦੇਵਤੇ, ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਸ਼ਿਵ ਦੇ ਗਣ, ਦੇਵਤਿਆਂ ਦੇ ਰਾਗੀ, ਜੱਖ, ਕਿੰਨਰ (ਆਦਿਕ ਸਾਰੇ) ਤੇਰਾ ਸਿਮਰਨ ਕਰਦੇ ਹਨ, ਤੇ ਗੁਣ ਉਚਾਰਦੇ ਹਨ।
20629	455	ਕੋਟਿ ਇੰਦ੍ਰ ਅਨੇਕ ਦੇਵਾ ਜਪਤ ਸੁਆਮੀ ਜੈ ਜੈਕਾਰ॥	(ਦੇਵਾ) ਦੇਵਤੇ	Kott Eindhr Anaek Dhaevaa Japath Suaamee Jai Jai Kaar ||	Millions of Indras and countless gods and super-human beings meditate on the Lord Master and celebrate His Praises.	ਕ੍ਰੋੜਾਂ ਇੰਦਰ, ਅਨੇਕਾਂ ਦੇਵਤੇ, ਮਾਲਕ-ਪ੍ਰਭੂ ਦੀ ਜੈਕਾਰ ਜਪਦੇ ਰਹਿੰਦੇ ਹਨ।

20630	455	ਅਨਾਥ ਨਾਥ ਦਇਆਲ ਨਾਨਕ ਸਾਧਸੰਗਤਿ ਮਿਲਿ ਉਧਾਰ॥੨॥		Anaathh Naathh Dhaeiaal Naanak Saadhhasangath Mil Oudhhaar ||2||	The Merciful Lord is the Master of the masterless, O Nanak; joining the Saadh Sangat, the Company of the Holy, one is saved. ||2||	ਹੇ ਨਾਨਕ! ਉਸ ਨਿਖਸਮਿਆਂ ਦੇ ਖਸਮ ਪ੍ਰਭੂ ਨੂੰ, ਦਇਆ ਦੇ ਸੋਮੇ ਪ੍ਰਭੂ ਨੂੰ ਸਾਧ ਸੰਗਤਿ ਦੀ ਰਾਹੀਂ (ਹੀ) ਮਿਲ ਕੇ (ਸੰਸਾਰ-ਸਮੁੰਦਰ ਤੋਂ) ਬੇੜਾ ਪਾਰ ਹੁੰਦਾ ਹੈ ॥੨॥
20631	455	ਕੋਟਿ ਦੇਵੀ ਜਾ ਕਉ ਸੇਵਹਿ ਲਖਿਮੀ ਅਨਿਕ ਭਾਤਿ॥	(ਲੱਖਿਮੀ) ਧਨ ਦੀ ਦੇਵੀ। ਭਾਂਤਿ	Kott Dhaevee Jaa Ko Saevehi Lakhimee Anik Bhaath ||	Millions of gods and goddesses of wealth serve Him in so many ways.	ਕ੍ਰੋੜਾਂ ਦੇਵੀਆਂ ਜਿਸ ਪਰਮਾਤਮਾ ਦੀ ਸੇਵਾ-ਭਗਤੀ ਕਰਦੀਆਂ ਹਨ, ਧਨ ਦੀ ਦੇਵੀ ਲਛਮੀ ਅਨੇਕਾਂ ਤਰੀਕਿਆਂ ਨਾਲ ਜਿਸ ਦੀ ਸੇਵਾ ਕਰਦੀ ਹੈ,
20632	456	ਗੁਪਤ ਪ੍ਰਗਟ ਜਾ ਕਉ ਅਰਾਧਹਿ ਪਉਣ ਪਾਣੀ ਦਿਨਸੁ ਰਾਤਿ॥		Gupath Pragatt Jaa Ko Araadhhehi Poun Paanee Dhinas Raath ||	The invisible and visible beings worship Him in adoration, along with wind and water, day and night.	ਦਿੱਸਦੇ ਅਣਦਿੱਸਦੇ ਸਾਰੇ ਜੀਵ-ਜੰਤੂ ਜਿਸ ਪਰਮਾਤਮਾ ਦਾ ਆਰਾਧਨ ਕਰਦੇ ਹਨ, ਹਵਾ ਪਾਣੀ ਦਿਨ ਰਾਤ ਜਿਸ ਨੂੰ ਧਿਆਉਂਦੇ ਹਨ;
20633	456	ਨਖਿਅਤ੍ਰ ਸਸੀਅਰ ਸੂਰ ਧਿਆਵਹਿ ਬਸੁਧ ਗਗਨਾ ਗਾਵਏ॥	(ਨਖਿਅੱਤ੍ਰ) ਤਾਰੇ। (ਸਸੀਅਰ) ਚੰਦ। (ਸੂਰ) ਸੂਰਜ। (ਬਸੁ-ਧ) ਧਰਤੀ।ਬਸੁਧ:ਪੋਲਾ ਬੋਲੋ। (ਗਗਨਾ) ਅਕਾਸ਼। ਗਾ-ਵਏ	Nakhiathr Saseear Soor Dhhiaavehi Basudhh Gaganaa Gaaveae ||	The stars, the moon and the sun meditate on Him; the earth and the sky sing to Him.	(ਬੇਅੰਤ) ਤਾਰੇ ਚੰਦਰਮਾ ਅਤੇ ਸੂਰਜ ਜਿਸ ਪਰਮਾਤਮਾ ਦਾ ਧਿਆਨ ਧਰਦੇ ਹਨ, ਧਰਤੀ ਜਿਸ ਦੀ ਸਿਫ਼ਤਿ-ਸਾਲਾਹ ਕਰਦੀ ਹੈ,

20634	456	ਸਗਲ ਖਾਣੀ ਸਗਲ ਬਾਣੀ ਸਦਾ ਸਦਾ ਧਿਆਵਏ॥	(ਖਾਣੀ) ਜੀਵ ਉਤਪਤੀ ਦੇ ਪ੍ਰਕਾਰ: ਅਮਡਜ,ਜੇਰਜ,ਸੇਤਜ, ਉਤਭੁਜ ਆਦਿ। (ਬਾਣੀ) ਬੋਲੀਆਂ। ਧਿਆ-ਵਏ	Sagal Khaanee Sagal Baanee Sadhaa Sadhaa Dhhiaaveae ||	All the sources of creation, and all languages meditate on Him, forever and ever.	ਸਾਰੀਆਂ ਖਾਣੀਆਂ ਤੇ ਸਾਰੀਆਂ ਬੋਲੀਆਂ (ਦਾ ਹਰੇਕ ਜੀਵ) ਜਿਸ ਪਰਮਾਤਮਾ ਦਾ ਸਦਾ ਹੀ ਧਿਆਨ ਧਰ ਰਿਹਾ ਹੈ,
20635	456	ਸਿਮ੍ਰਿਤਿ ਪੁਰਾਣ ਚਤੁਰ ਬੇਦਹ ਖਟੁ ਸਾਸਤ੍ਰ ਜਾ ਕਉ ਜਪਾਤਿ॥	(ਸਿਮ-੍ਰਿਤਿ)ਮ ਮੁਕਤਾ ਬੋਲੋ, ਅੱਧੇ ਰਾਰੇ੍ ਸਿਹਾਰੀ ਲਾ ਕੇ ਪੋਲਾ ਬੋਲੋ, ਸਿਹਾਰੀ ਤੱਤੇ ਭੀ ਲਾਉ	Simrith Puraan Chathur Baedheh Khatt Saasathr Jaa Ko Japaath ||	The Simritees, the Puraanas, the four Vedas and the six Shaastras meditate on Him.	ਸਤਾਈ ਸਿਮ੍ਰਿਤੀਆਂ, ਅਠਾਰਾਂ ਪੁਰਾਣ, ਚਾਰ ਵੇਦ, ਛੇ ਸ਼ਾਸਤ੍ਰ ਜਿਸ ਪਰਮਾਤਮਾ ਨੂੰ ਜਪਦੇ ਰਹਿੰਦੇ ਹਨ,
20636	456	ਪਤਿਤ ਪਾਵਨ ਭਗਤਿ ਵਛਲ ਨਾਨਕ ਮਿਲੀਐ ਸੰਗਿ ਸਾਤਿ॥੩॥	(ਸੰਗਿ)ਨਾਲ। (ਸਾਤਿ)ਸੱਚੇ ਵਾਹਿਗੁਰ੍ ਜੀ। ਸਾਤਿ ਬਿੰਦੀ ਨ ਲਾਉ। (੨. ਸੰਗਿਸਾਤਿ)	Pathith Paavan Bhagath Vashhal Naanak Mileeai Sang Saath ||3||	He is the Purifier of sinners, the Lover of His Saints; O Nanak, He is met in the Society of the Saints. ||3||	ਉਸ ਪਤਿਤ-ਪਾਵਨ ਪ੍ਰਭੂ ਨੂੰ ਉਸ ਭਗਤਿ-ਵਛਲ ਹਰੀ ਨੂੰ, ਹੇ ਨਾਨਕ! ਸਦਾ ਕਾਇਮ ਰਹਿਣ ਵਾਲੀ ਸਾਧ ਸੰਗਤਿ ਦੀ ਰਾਹੀਂ ਹੀ ਮਿਲ ਸਕੀਦਾ ਹੈ ॥੩॥
20637	456	ਜੇਤੀ ਪ੍ਰਭੂ ਜਨਾਈ ਰਸਨਾ ਤੇਤ ਭਨੀ॥	(ਭਨੀ) ਕਹੀ	Jaethee Prabhoo Janaaee Rasanaa Thaeth Bhanee ||	As much as God has revealed to us, that much we can speak with our tongues.	ਜਿਤਨੀ ਸ੍ਰਿਸ਼ਟੀ ਦੀ ਸੂਝ ਪ੍ਰਭੂ ਨੇ ਮੈਨੂੰ ਦਿੱਤੀ ਹੈ ਉਤਨੀ ਮੇਰੀ ਜੀਭ ਨੇ ਬਿਆਨ ਕਰ ਦਿੱਤੀ ਹੈ (ਕਿ ਇਤਨੀ ਸ੍ਰਿਸ਼ਟੀ ਪਰਮਾਤਮਾ ਦੀ ਸੇਵਾ-ਭਗਤੀ ਕਰ ਰਹੀ ਹੈ)।
20638	456	ਅਨਜਾਨਤ ਜੋ ਸੇਵੈ ਤੇਤੀ ਨਹ ਜਾਇ ਗਨੀ॥		Anajaanath Jo Saevai Thaethee Neh Jaae Ganee ||	Those unknown ones who serve You cannot be counted.	ਪਰ ਹੋਰ ਜਿਤਨੀ ਲੁਕਾਈ ਦਾ ਮੈਨੂੰ ਪਤਾ ਨਹੀਂ ਜੇਹੜੀ ਉਹ ਲੁਕਾਈ ਪ੍ਰਭੂ ਦੀ ਸੇਵਾ-ਭਗਤੀ ਕਰਦੀ ਹੈ ਉਹ ਮੈਥੋਂ ਗਿਣੀ ਨਹੀਂ ਜਾ ਸਕਦੀ।

20639	456	ਅਵਿਗਤ ਅਗਨਤ ਅਥਾਹ ਠਾਕੁਰ ਸਗਲ ਮੰਝੇ ਬਾਹਰਾ॥	(ਮੰਝੇ) ਅੰਦਰ। ਅਵਿ-ਗਤ, ਅ-ਗਨਤ	Avigath Aganath Athhaah Thaakur Sagal Manjhae Baaharaa ||	Imperishable, incalculable, and unfathomable is the Lord and Master; He is everywhere, inside and out.	ਉਹ ਪਰਮਾਤਮਾ ਅਦ੍ਰਿਸ਼ਟ ਹੈ, ਉਸ ਦੇ ਗੁਣ ਗਿਣੇ ਨਹੀਂ ਜਾ ਸਕਦੇ, ਉਹ (ਮਾਨੋ) ਬੇਅੰਤ ਡੂੰਘਾ ਸਮੁੰਦਰ ਹੈ, ਉਹ ਸਭ ਦਾ ਮਾਲਕ ਹੈ, ਸਭ ਜੀਵਾਂ ਦੇ ਅੰਦਰ ਭੀ ਹੈ ਤੇ ਸਭ ਤੋਂ ਵੱਖਰਾ ਭੀ ਹੈ।
20640	456	ਸਰਬ ਜਾਚਿਕ ਏਕੁ ਦਾਤਾ ਨਹ ਦੂਰਿ ਸੰਗੀ ਜਾਹਰਾ॥	(ਜਾਚਿਕ) ਮੰਗਤੇ। (ਜਾਹਰਾ) ਪ੍ਰਗਟ	Sarab Jaachik Eaek Dhaathaa Neh Dhoor Sangee Jaaharaa ||	We are all beggars, He is the One and only Giver; He is not far away, but is with us, ever-present.	ਸਾਰੇ ਜੀਵ-ਜੰਤ ਉਸ (ਦੇ ਦਰ) ਦੇ ਮੰਗਤੇ ਹਨ, ਉਹ ਇਕ ਸਭ ਨੂੰ ਦਾਤਾਂ ਦੇਣ ਵਾਲਾ ਹੈ, ਉਹ ਕਿਸੇ ਵੀ ਜੀਵ ਤੋਂ ਦੂਰ ਨਹੀਂ ਹੈ ਉਹ ਸਭ ਦੇ ਨਾਲ ਵੱਸਦਾ ਹੈ ਤੇ ਪਰਤੱਖ ਹੈ।
20641	456	ਵਸਿ ਭਗਤ ਥੀਆ ਮਿਲੇ ਜੀਆ ਤਾ ਕੀ ਉਪਮਾ ਕਿਤ ਗਨੀ॥	ਵੱਸਿ	Vas Bhagath Thheeaa Milae Jeeaa Thaa Kee Oupamaa Kith Ganee ||	He is in the power of His devotees; those whose souls are united with Him - how can their praises be sung?	ਉਹ ਪਰਮਾਤਮਾ ਆਪਣੇ ਭਗਤਾਂ ਦੇ ਵੱਸ ਵਿੱਚ ਹੈ, ਜੇਹੜੇ ਜੀਵ ਉਸ ਨੂੰ ਮਿਲ ਪੈਂਦੇ ਹਨ ਉਹਨਾਂ ਦੀ ਵਡਿਆਈ ਮੈਂ ਕਿਤਨੀ ਕੁ ਬਿਆਨ ਕਰਾਂ? (ਬਿਆਨ ਨਹੀਂ ਕੀਤੀ ਜਾ ਸਕਦੀ)।
20642	456	ਇਹੁ ਦਾਨੁ ਮਾਨੁ ਨਾਨਕੁ ਪਾਏ ਸੀਸੁ ਸਾਧਹ ਧਰਿ ਚਰਨੀ॥੪॥੨॥੫॥		Eihu Dhaan Maan Naanak Paaeae Sees Saadhheh Dhhar Charanee ||4||2||5||	May Nanak receive this gift and honor, of placing his head on the feet of the Holy Saints. ||4||2||5||	(ਜੇ ਉਸ ਦੀ ਮੇਹਰ ਹੋਵੇ ਤਾਂ) ਨਾਨਕ (ਉਸ ਦੇ ਭਗਤ-ਜਨਾਂ ਦੇ) ਚਰਨਾਂ ਉੱਤੇ ਆਪਣਾ ਸਿਰ ਰੱਖੀ ਰੱਖੇ ॥੪॥੨॥੫॥

20643	456	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl,	
20644	456	ਸਲੋਕ॥		Salok ||	Shalok:	
20645	456	ਉਦਮੁ ਕਰਹੁ ਵਡਭਾਗੀਹੋ ਸਿਮਰਹੁ ਹਰਿ ਹਰਿ ਰਾਇ॥		Oudham Karahu Vaddabhaageeho Simarahu Har Har Raae ||	Make the effort, O very fortunate ones, and meditate on the Lord, the Lord King.	ਹੇ ਵੱਡੇ ਭਾਗਾਂ ਵਾਲਿਓ! ਉਸ ਪ੍ਰਭੂ-ਪਾਤਿਸ਼ਾਹ ਦਾ ਸਿਮਰਨ ਕਰਦੇ ਰਹੋ (ਉਸ ਦੇ ਸਿਮਰਨ ਦਾ ਸਦਾ) ਉੱਦਮ ਕਰਦੇ ਰਹੋ,
20646	456	ਨਾਨਕ ਜਿਸੁ ਸਿਮਰਤ ਸਭ ਸੁਖ ਹੋਵਹਿ ਦੂਖੁ ਦਰਦੁ ਭ੍ਰਮੁ ਜਾਇ॥੧॥		Naanak Jis Simarath Sabh Sukh Hovehi Dhookh Dharadh Bhram Jaae ||1||	O Nanak, remembering Him in meditation, you shall obtain total peace, and your pains and troubles and doubts shall depart. ||1||	ਹੇ ਨਾਨਕ! (ਆਖ-) ਜਿਸ ਪਰਮਾਤਮਾ ਦਾ ਸਿਮਰਨ ਕੀਤਿਆਂ ਸਾਰੇ ਸੁਖ ਮਿਲ ਜਾਂਦੇ ਹਨ, ਤੇ ਹਰੇਕ ਕਿਸਮ ਦਾ ਦੁੱਖ ਦਰਦ ਭਟਕਣਾ ਦੂਰ ਹੋ ਜਾਂਦਾ ਹੈ ॥੧॥
20647	456	ਛੰਤੁ॥	(ਅਲਸਾਈਐ) ਆਲਸ (ਨਹ) ਨਾ ਕਰੀਏ	Shhanth ||	Chhant:	ਛੰਤ।
20648	456	ਨਾਮੁ ਜਪਤ ਗੋਬਿੰਦ ਨਹ ਅਲਸਾਈਐ॥		Naam Japath Gobindh Neh Alasaaeeai ||	Chant the Naam, the Name of the Lord of the Universe; don't be lazy.	ਹੇ ਵਡਭਾਗੀਹੋ! ਗੋਬਿੰਦ ਦਾ ਨਾਮ ਜਪਦਿਆਂ (ਕਦੇ) ਆਲਸ ਨਹੀਂ ਕਰਨਾ ਚਾਹੀਦਾ,
20649	456	ਭੇਟਤ ਸਾਧੂਸੰਗ ਜਮਪੁਰਿ ਨਹ ਜਾਈਐ॥		Bhaettath Saadhhoo Sang Jam Pur Neh Jaaeeai ||	Meeting with the Saadh Sangat, the Company of the Holy, you shall not have to go to the City of Death.	ਗੁਰੂ ਦੀ ਸੰਗਤਿ ਵਿਚ ਮਿਲਿਆਂ (ਤੇ ਹਰਿ-ਨਾਮ ਜਪਿਆਂ) ਜਮ ਦੀ ਪੁਰੀ ਵਿਚ ਨਹੀਂ ਜਾਣਾ ਪੈਂਦਾ।

20650	456	ਦੂਖ ਦਰਦ ਨ ਭਉ ਬਿਆਪੈ ਨਾਮੁ ਸਿਮਰਤ ਸਦ ਸੁਖੀ॥		Dhookh Dharadh N Bho Biaapai Naam Simarath Sadh Sukhee ||	Pain, trouble and fear will not afflict you; meditating on the Naam, a lasting peace is found.	ਪਰਮਾਤਮਾ ਦਾ ਨਾਮ ਸਿਮਰਦਿਆਂ ਕੋਈ ਦੁੱਖ ਕੋਈ ਦਰਦ ਕੋਈ ਡਰ ਆਪਣਾ ਜੋਰ ਨਹੀਂ ਪਾ ਸਕਦਾ, ਸਦਾ ਸੁਖੀ ਰਹੀਦਾ ਹੈ।
20651	456	ਸਾਸਿ ਸਾਸਿ ਅਰਾਧਿ ਹਰਿ ਹਰਿ ਧਿਆਇ ਸੋ ਪ੍ਰਭੁ ਮਨਿ ਮੁਖੀ॥		Saas Saas Araadhh Har Har Dhhiaae So Prabh Man Mukhee ||	With each and every breath, worship the Lord in adoration; meditate on the Lord God in your mind and with your mouth.	ਹਰੇਕ ਸਾਹ ਦੇ ਨਾਲ ਪਰਮਾਤਮਾ ਦੀ ਅਰਾਧਨਾ ਕਰਦਾ ਰਹੁ, ਉਸ ਪ੍ਰਭੂ ਨੂੰ ਆਪਣੇ ਮਨ ਵਿਚ ਸਿਮਰ, ਆਪਣੇ ਮੂੰਹ ਨਾਲ (ਉਸ ਦਾ ਨਾਮ) ਉਚਾਰ।
20652	456	ਕ੍ਰਿਪਾਲ ਦਇਆਲ ਰਸਾਲ ਗੁਣ ਨਿਧਿ ਕਰਿ ਦਇਆ ਸੇਵਾ ਲਾਈਐ॥	(ਰਸਾਲ) ਰਸਾਂ ਦੇ ਘਰ	Kirapaal Dhaeiaal Rasaal Gun Nidhh Kar Dhaeiaa Saevaa Laaeeai ||	O kind and compassionate Lord, O treasure of sublime essence, treasure of excellence, please link me to Your service.	ਹੇ ਕਿਰਪਾ ਦੇ ਸੋਮੇ! ਹੇ ਦਇਆ ਦੇ ਘਰ! ਹੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ! (ਮੇਰੇ ਉਤੇ) ਦਇਆ ਕਰ (ਮੈਨੂੰ ਨਾਨਕ ਨੂੰ ਆਪਣੀ) ਸੇਵਾ-ਭਗਤੀ ਵਿਚ ਜੋੜ।
20653	456	ਨਾਨਕੁ ਪਇਅੰਪੈ ਚਰਣ ਜੰਪੈ ਨਾਮੁ ਜਪਤ ਗੋਬਿੰਦ ਨਹ ਅਲਸਾਈਐ॥੧॥	ਦਾਸਨ ਦਾਸ (ਪਇਅੰਪੈ) ਪ੍ਰੇਮ-ਬੇਨਤੀ ਪੂਰਬਕ ਕਥਨ ਕਰਦਾ ਹੈ ਅਥਵਾ ਹੇ ਪੀਆ ਅਪਨੇ! (ਜੰਪੈ) ਜਪਦੇ	Naanak Paeianpai Charan Janpai Naam Japath Gobindh Neh Alasaaeeai ||1||	Prays Nanak: may I meditate on the Lord's lotus feet, and not be lazy in chanting the Naam, the Name of the Lord of the Universe. ||1||	ਨਾਨਕ (ਤੇਰੇ ਦਰ ਤੇ) ਬੇਨਤੀ ਕਰਦਾ ਹੈ, ਤੇਰੇ ਚਰਨਾਂ ਦਾ ਧਿਆਨ ਧਰਦਾ ਹੈ। ਗੋਬਿੰਦ ਦਾ ਨਾਮ ਜਪਦਿਆਂ ਕਦੇ ਆਲਸ ਨਹੀਂ ਕਰਨਾ ਚਾਹੀਦਾ ॥੧॥

20654	456	ਪਾਵਨ ਪਤਿਤ ਪੁਨੀਤ ਨਾਮ ਨਿਰੰਜਨਾ॥		Paavan Pathith Puneeth Naam Niranjanaa ||	The Purifier of sinners is the Naam, the Pure Name of the Immaculate Lord.	ਨਿਰਲੇਪ ਪਰਮਾਤਮਾ ਦਾ ਨਾਮ ਪਵਿਤ੍ਰ ਹੈ, ਵਿਕਾਰਾਂ ਵਿਚ ਡਿੱਗੇ ਹੋਏ ਜੀਵਾਂ ਨੂੰ ਪਵਿੱਤਰ ਕਰਨ ਵਾਲਾ ਹੈ।
20655	456	ਭਰਮ ਅੰਧੇਰ ਬਿਨਾਸ ਗਿਆਨ ਗੁਰ ਅੰਜਨਾ॥	(ਬਿਨਾਸ) ਨਾਸ। (ਅੰਜਨਾ) ਸੁਰਮਾ	Bharam Andhhaer Binaas Giaan Gur Anjanaa ||	The darkness of doubt is removed by the healing ointment of the Guru's spiritual wisdom.	ਗੁਰੂ ਦੀ ਬਖ਼ਸ਼ੀ ਹੋਈ ਆਤਮਕ ਜੀਵਨ ਦੀ ਸੂਝ (ਇਕ ਐਸਾ) ਸੁਰਮਾ ਹੈ (ਜੋ ਮਨ ਦੀ) ਭਟਕਣਾ ਦੇ ਹਨੇਰੇ ਦਾ ਨਾਸ ਕਰ ਦੇਂਦਾ ਹੈ।
20656	456	ਗੁਰ ਗਿਆਨ ਅੰਜਨ ਪ੍ਰਭ ਨਿਰੰਜਨ ਜਲਿ ਥਲਿ ਮਹੀਅਲਿ ਪੂਰਿਆ॥	(ਮਹੀਅਲਿ) ਧਰਤੀ ਅਕਾਸ਼ ਸਭ ਥਾਈਂ	Gur Giaan Anjan Prabh Niranjan Jal Thhal Meheeal Pooriaa ||	By the healing ointment of the Guru's spiritual wisdom, one meets the Immaculate Lord God, who is totally pervading the water, the land and the sky.	ਗੁਰੂ ਦੇ ਦਿੱਤੇ ਗਿਆਨ ਦਾ ਸੁਰਮਾ (ਇਹ ਸਮਝ ਪੈਦਾ ਕਰ ਦੇਂਦਾ ਹੈ ਕਿ) ਪਰਮਾਤਮਾ ਨਿਰਲੇਪ (ਹੁੰਦਿਆਂ ਭੀ) ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ ਹਰ ਥਾਂ ਵਿਆਪਕ ਹੈ।
20657	456	ਇਕ ਨਿਮਖ ਜਾ ਕੈ ਰਿਦੈ ਵਸਿਆ ਮਿਟੇ ਤਿਸਹਿ ਵਿਸੂਰਿਆ॥	(ਵਿਸੂਰਿਆ) ਚਿੰਦਾ ਫ਼ਿਕਰ	Eik Nimakh Jaa Kai Ridhai Vasiaa Mittae Thisehi Visooriaa ||	If He dwells within the heart, for even an instant, sorrows are forgotten.	ਜਿਸ ਦੇ ਹਿਰਦੇ ਵਿਚ ਉਹ ਪ੍ਰਭੂ ਅੱਖ ਦੇ ਫਰਕਣ ਜਿੰਨੇ ਸਮੇਂ ਲਈ ਭੀ ਵੱਸਦਾ ਹੈ ਉਸ ਦੇ ਸਾਰੇ ਚਿੰਤਾ-ਫ਼ਿਕਰ ਮਿਟ ਜਾਂਦੇ ਹਨ।
20658	456	ਅਗਾਧਿ ਬੋਧ ਸਮਰਥ ਸੁਆਮੀ ਸਰਬ ਕਾ ਭਉ ਭੰਜਨਾ॥	(ਭੰਜਨਾ) ਨਾਸ ਕਰਨ ਵਾਲੇ। ਸਮਰੱਥ	Agaadhh Bodhh Samarathh Suaamee Sarab Kaa Bho Bhanjanaa ||	The wisdom of the all-powerful Lord and Master is incomprehensible; He is the Destroyer of the fears of all.	ਪਰਮਾਤਮਾ ਅਥਾਹ ਗਿਆਨ ਦਾ ਮਾਲਕ ਹੈ, ਸਭ ਕੁਝ ਕਰਨ ਜੋਗਾ ਹੈ, ਸਭ ਦਾ ਮਾਲਕ ਹੈ, ਸਭ ਦਾ ਡਰ ਨਾਸ ਕਰਨ ਵਾਲਾ ਹੈ।

20659	456	ਨਾਨਕੁ ਪਇਅੰਪੈ ਚਰਣ ਜੰਪੈ ਪਾਵਨ ਪਤਿਤ ਪੁਨੀਤ ਨਾਮ ਨਿਰੰਜਨਾ॥੨॥		Naanak Paeianpai Charan Janpai Paavan Pathith Puneeth Naam Niranjanaa ||2||	Prays Nanak, I meditate on the Lord's lotus feet. The Purifier of sinners is the Naam, the Pure Name of the Immaculate Lord. ||2||	ਨਾਨਕ ਬੇਨਤੀ ਕਰਦਾ ਹੈ ਉਸ ਦੇ ਚਰਨਾਂ ਦਾ ਧਿਆਨ ਧਰਦਾ ਹੈ (ਤੇ ਆਖਦਾ ਹੈ ਕਿ) ਨਿਰਲੇਪ ਪਰਮਾਤਮਾ ਦਾ ਨਾਮ ਪਵਿਤ੍ਰ ਹੈ, ਵਿਕਾਰਾਂ ਵਿੱਚ ਡੁੱਬੇ ਜੀਵਾਂ ਨੂੰ ਪਵਿਤ੍ਰ ਕਰਨ ਵਾਲਾ ਹੈ ॥੨॥
20660	456	ਓਟ ਗਹੀ ਗੋਪਾਲ ਦਇਆਲ ਕ੍ਰਿਪਾਨਿਧੇ॥		Outt Gehee Gopaal Dhaeiaal Kirapaa Nidhhae ||	I have grasped the protection of the merciful Lord, the Sustainer of the Universe, the treasure of grace.	ਹੇ ਸ੍ਰਿਸ਼ਟੀ ਦੇ ਪਾਲਣਹਾਰ! ਹੇ ਦਇਆ ਦੇ ਸੋਮੇ! ਹੇ ਕਿਰਪਾ ਦੇ ਖ਼ਜ਼ਾਨੇ! ਮੈਂ ਤੇਰੀ ਓਟ ਲਈ ਹੈ।
20661	456	ਮੋਹਿ ਆਸਰ ਤੁਅ ਚਰਨ ਤੁਮਾਰੀ ਸਰਨਿ ਸਿਧੇ॥	(ਆਸਰ) ਆਸਰਾ। (ਤੁਅ) ਆਪਜੀ ਦੇ। (ਸਿੱਧੇ)ਮੁਕਤ	Mohi Aasar Thua Charan Thumaaree Saran Sidhhae ||	I take the support of Your lotus feet, and in the protection of Your Sanctuary, I attain perfection.	ਮੈਨੂੰ ਤੇਰੇ ਹੀ ਚਰਨਾਂ ਦਾ ਸਹਾਰਾ ਹੈ। ਤੇਰੀ ਸਰਨ ਵਿਚ ਹੀ ਰਹਿਣਾ ਮੇਰੇ ਜੀਵਨ ਦੀ ਕਾਮਯਾਬੀ ਹੈ।
20662	456	ਹਰਿ ਚਰਨ ਕਾਰਨ ਕਰਨ ਸੁਆਮੀ ਪਤਿਤ ਉਧਰਨ ਹਰਿ ਹਰੇ॥	(ਉ-ਧਰਨ) ਉਧਾਰਨ ਵਾਲੇ	Har Charan Kaaran Karan Suaamee Pathith Oudhharan Har Harae ||	The Lord's lotus feet are the cause of causes; the Lord Master saves even the sinners.	ਹੇ ਹਰੀ! ਹੇ ਸੁਆਮੀ! ਹੇ ਜਗਤ ਦੇ ਮੂਲ! ਤੇਰੇ ਚਰਨਾਂ ਦਾ ਆਸਰਾ ਵਿਕਾਰਾਂ ਵਿਚ ਡਿੱਗੇ ਹੋਏ ਬੰਦਿਆਂ ਨੂੰ ਬਚਾਣ-ਜੋਗਾ ਹੈ, ਸੰਸਾਰ-ਸਮੁੰਦਰ ਦੇ ਜਨਮ-ਮਰਨ ਦੇ ਘੁੰਮਣ-ਘੇਰ ਵਿਚੋਂ ਪਾਰ ਲੰਘਾਣ ਜੋਗਾ ਹੈ।

20663	456	ਸਾਗਰ ਸੰਸਾਰ ਭਵ ਉਤਾਰ ਨਾਮੁ ਸਿਮਰਤ ਬਹੁ ਤਰੇ॥	(ਭਵ) ਭ੍ਰਮਣ	Saagar Sansaar Bhav Outhaar Naam Simarath Bahu Tharae ||	So many are saved; they cross over the terrifying world-ocean, contemplating the Naam, the Name of the Lord.	ਤੇਰਾ ਨਾਮ ਸਿਮਰ ਕੇ ਅਨੇਕਾਂ ਬੰਦੇ (ਸੰਸਾਰ-ਸਮੁੰਦਰ ਵਿਚੋਂ) ਪਾਰ ਲੰਘ ਰਹੇ ਹਨ।
20664	456	ਆਦਿ ਅੰਤਿ ਬੇਅੰਤ ਖੋਜਹਿ ਸੁਨੀ ਉਧਰਨ ਸੰਤਸੰਗ ਬਿਧੇ॥	(ਉ-ਧਰਨ)ਹੋਰਨਾਂ ਨੂੰਉਧਾਰਨ। ਬਿਧੇ:ਪੋਲਾ ਬੋਲੋ	Aadh Anth Baeanth Khojehi Sunee Oudhharan Santhasang Bidhhae ||	In the beginning and in the end, countless are those who seek the Lord. I have heard that the Society of the Saints is the way to salvation.	ਹੇ ਪ੍ਰਭੂ! ਜਗਤ-ਰਚਨਾ ਦੇ ਆਰੰਭ ਵਿਚ ਭੀ ਤੂੰ ਹੀ ਹੈਂ, ਅੰਤ ਵਿਚ ਭੀ ਤੂੰ ਹੀ (ਅਸਥਿਰ) ਹੈਂ। ਬੇਅੰਤ ਜੀਵ ਤੇਰੀ ਭਾਲ ਕਰ ਰਹੇ ਹਨ। ਤੇਰੇ ਸੰਤ ਜਨਾਂ ਦੀ ਸੰਗਤਿ ਹੀ ਇਕ ਐਸਾ ਤਰੀਕਾ ਹੈ ਜਿਸ ਨਾਲ ਸੰਸਾਰ-ਸਮੁੰਦਰ ਦੇ ਵਿਕਾਰਾਂ ਤੋਂ ਬਚ ਸਕੀਦਾ ਹੈ।
20665	456	ਨਾਨਕੁ ਪਇਅੰਪੈ ਚਰਨ ਜੰਪੈ ਓਟ ਗਹੀ ਗੋਪਾਲ ਦਇਆਲ ਕ੍ਰਿਪਾਨਿਧੇ॥੩॥		Naanak Paeianpai Charan Janpai Outt Gehee Gopaal Dhaeiaal Kirapaa Nidhhae ||3||	Prays Nanak, I meditate on the Lord's lotus feet, and grasp the protection of the Lord of the Universe, the merciful, the ocean of kindness. ||3||	ਨਾਨਕ ਤੇਰੇ ਦਰ ਤੇ ਬੇਨਤੀ ਕਰਦਾ ਹੈ, ਤੇਰੇ ਚਰਨਾਂ ਦਾ ਧਿਆਨ ਧਰਦਾ ਹੈ। ਹੇ ਗੋਪਾਲ! ਹੇ ਦਇਆਲ! ਹੇ ਕ੍ਰਿਪਾ ਦੇ ਖ਼ਜ਼ਾਨੇ! ਮੈਂ ਤੇਰਾ ਪੱਲਾ ਫੜਿਆ ਹੈ ॥੩॥

20666	456	ਭਗਤਿ ਵਛਲੁ ਹਰਿ ਬਿਰਦੁ ਆਪਿ ਬਨਾਇਆ॥		Bhagath Vashhal Har Biradh Aap Banaaeiaa ||	The Lord is the Lover of His devotees; this is His natural way.	ਪਰਮਾਤਮਾ ਆਪਣੀ ਭਗਤੀ (ਦੇ ਕਾਰਨ ਆਪਣੇ ਭਗਤਾਂ) ਨਾਲ ਪਿਆਰ ਕਰਨ ਵਾਲਾ ਹੈ, ਆਪਣਾ ਇਹ ਮੁੱਢ-ਕਦੀਮਾਂ ਦਾ ਸੁਭਾਉ ਉਸ ਨੇ ਆਪ ਹੀ ਬਣਾਇਆ ਹੋਇਆ ਹੈ।
20667	456	ਜਹ ਜਹ ਸੰਤ ਅਰਾਧਹਿ ਤਹ ਤਹ ਪ੍ਰਗਟਾਇਆ॥		Jeh Jeh Santh Araadhhehi Theh Theh Pragattaaeiaa ||	Wherever the Saints worship the Lord in adoration, there He is revealed.	ਜਿੱਥੇ ਜਿੱਥੇ (ਉਸ ਦੇ) ਸੰਤ (ਉਸ ਦਾ) ਆਰਾਧਨ ਕਰਦੇ ਹਨ ਉੱਥੇ ਉੱਥੇ ਉਹ ਜਾ ਦਰਸ਼ਨ ਦੇਂਦਾ ਹੈ।
20668	456	ਪ੍ਰਭਿ ਆਪਿ ਲੀਏ ਸਮਾਇ ਸਹਜਿ ਸੁਭਾਇ ਭਗਤ ਕਾਰਜ ਸਾਰਿਆ॥		Prabh Aap Leeeae Samaae Sehaj Subhaae Bhagath Kaaraj Saariaa ||	God blends Himself with His devotees in His natural way, and resolves their affairs.	ਪਰਮਾਤਮਾ ਨੇ ਆਪ ਹੀ (ਆਪਣੇ ਭਗਤ ਆਪਣੇ ਚਰਨਾਂ ਵਿਚ) ਲੀਨ ਕੀਤੇ ਹੋਏ ਹਨ, ਆਤਮਕ ਅਡੋਲਤਾ ਵਿਚ ਤੇ ਪ੍ਰੇਮ ਵਿਚ ਟਿਕਾਏ ਹੋਏ ਹਨ, ਆਪਣੇ ਭਗਤਾਂ ਦੇ ਸਾਰੇ ਕੰਮ ਪ੍ਰਭੂ ਆਪ ਹੀ ਸਵਾਰਦਾ ਹੈ।
20669	456	ਆਨੰਦ ਹਰਿ ਜਸ ਮਹਾ ਮੰਗਲ ਸਰਬ ਦੂਖ ਵਿਸਾਰਿਆ॥		Aanandh Har Jas Mehaa Mangal Sarab Dhookh Visaariaa ||	In the ecstasy of the Lord's Praises, they obtain supreme joy, and forget all their sorrows.	ਭਗਤ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਹਨ, ਹਰਿ-ਮਿਲਾਪ ਦੀ ਖ਼ੁਸ਼ੀ ਦੇ ਗੀਤ ਗਾਂਦੇ ਹਨ, ਆਤਮਕ ਆਨੰਦ ਮਾਣਦੇ ਹਨ, ਤੇ ਆਪਣੇ ਸਾਰੇ ਦੁੱਖ ਭੁਲਾ ਲੈਂਦੇ ਹਨ।

20670	457	ਚਮਤਕਾਰ ਪ੍ਰਗਾਸੁ ਦਹ ਦਿਸ ਏਕੁ ਤਹ ਦ੍ਰਿਸਟਾਇਆ॥		Chamathakaar Pragaas Dheh Dhis Eaek Theh Dhrisattaaeiaa ||	The brilliant flash of the One Lord is revealed to them - they behold Him in the ten directions.	ਜਿਸ ਪਰਮਾਤਮਾ ਦੇ ਨੂਰ ਦੀ ਝਲਕ ਜੋਤਿ ਦਾ ਚਾਨਣ ਦਸੀਂ ਪਾਸੀਂ (ਸਾਰੇ ਹੀ ਸੰਸਾਰ ਵਿਚ) ਹੋ ਰਿਹਾ ਹੈ ਉਹੀ ਪਰਮਾਤਮਾ ਭਗਤ ਜਨਾਂ ਦੇ ਹਿਰਦੇ ਵਿਚ ਪਰਗਟ ਹੋ ਜਾਂਦਾ ਹੈ।
20671	457	ਨਾਨਕੁ ਪਇਅੰਪੈ ਚਰਣ ਜੰਪੈ ਭਗਤਿ ਵਛਲੁ ਹਰਿ ਬਿਰਦੁ ਆਪਿ ਬਨਾਇਆ॥੪॥੩॥੬॥		Naanak Paeianpai Charan Janpai Bhagath Vashhal Har Biradh Aap Banaaeiaa ||4||3||6||	Prays Nanak, I meditate on the Lord's lotus feet; the Lord is the Lover of His devotees; this is His natural way. ||4||3||6||	ਨਾਨਕ ਬੇਨਤੀ ਕਰਦਾ ਹੈ, ਪ੍ਰਭੂ-ਚਰਨਾਂ ਦਾ ਧਿਆਨ ਧਰਦਾ ਹੈ, (ਤੇ ਆਖਦਾ ਹੈ ਕਿ) ਪਰਮਾਤਮਾ ਆਪਣੀ ਭਗਤੀ (ਦੇ ਕਾਰਨ ਆਪਣੇ ਭਗਤਾਂ) ਨਾਲ ਪਿਆਰ ਕਰਨ ਵਾਲਾ ਹੈ, ਆਪਣਾ ਇਹ ਮੁੱਢ-ਕਦੀਮਾਂ ਦਾ ਸੁਭਾਉ ਉਸ ਨੇ ਆਪ ਹੀ ਬਣਾਇਆ ਹੋਇਆ ਹੈ ॥੪॥੩॥੬॥
20672	457	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
20673	457	ਥਿਰੁ ਸੰਤਨ ਸੋਹਾਗੁ ਮਰੈ ਨ ਜਾਵਏ॥	(ਥਿਰੁ) ਸਦਾ ਕਾਇਮ	Thhir Santhan Sohaag Marai N Jaaveae ||	The Husband Lord of the Saints is eternal; He does not die or go away.	(ਪਰਮਾਤਮਾ ਦੇ) ਸੰਤ ਜਨਾਂ ਦਾ ਚੰਗਾ ਭਾਗ ਸਦਾ ਕਾਇਮ ਰਹਿੰਦਾ ਹੈ (ਕਿਉਂਕਿ ਉਹਨਾਂ ਦੇ) ਸਿਰ ਦਾ ਸਾਂਈ ਨਾਹ (ਕਦੇ) ਮਰਦਾ ਹੈ ਨਾਹ (ਕਦੇ ਉਹਨਾਂ ਨੂੰ ਛੱਡ ਕੇ ਕਿਤੇ) ਜਾਂਦਾ ਹੈ।

20674	457	ਜਾ ਕੈ ਗ੍ਰਿਹਿ ਹਰਿ ਨਾਹੁ ਸੁ ਸਦ ਹੀ ਰਾਵਏ॥	(ਰਾਵਏ) ਅਨੰਦ ਮਾਣੇ। ਗਿ ਹਿ,ਰਾ-ਵਏ	Jaa Kai Grihi Har Naahu S Sadh Hee Raaveae ||	She, whose home is blessed by her Husband Lord, enjoys Him forever.	ਜਿਸ ਜੀਵ-ਇਸਤ੍ਰੀ ਦੇ ਹਿਰਦੇ-ਘਰ ਵਿਚ ਪ੍ਰਭੂ-ਪਤੀ ਆ ਵੱਸੇ, ਉਹ ਸਦਾ ਉਸ ਦੇ ਮਿਲਾਪ ਦੇ ਆਨੰਦ ਨੂੰ ਮਾਣਦੀ ਹੈ।
20675	457	ਅਵਿਨਾਸੀ ਅਵਿਗਤੁ ਸੋ ਪ੍ਰਭੁ ਸਦਾ ਨਵਤਨੁ ਨਿਰਮਲਾ॥	(ਨਵਤਨੁ) ਨਵਾਂ	Avinaasee Avigath So Prabh Sadhaa Navathan Niramalaa ||	God is eternal and immortal, forever young and immaculately pure.	ਉਹ ਪਰਮਾਤਮਾ ਨਾਸ ਤੋਂ ਰਹਿਤ ਹੈ, ਅਦ੍ਰਿਸ਼ਟ ਹੈ, ਸਦਾ ਨਵੇਂ ਪਿਆਰ ਵਾਲਾ ਹੈ, ਪਵਿਤ੍ਰ-ਸਰੂਪ ਹੈ।
20676	457	ਨਹ ਦੂਰਿ ਸਦਾ ਹਦੂਰਿ ਠਾਕੁਰੁ ਦਹ ਦਿਸ ਪੂਰਨੁ ਸਦ ਸਦਾ॥		Neh Dhoor Sadhaa Hadhoor Thaakur Dheh Dhis Pooran Sadh Sadhaa ||	He is not far away, He is ever-present; the Lord and Master fills the ten directions, forever and ever.	ਉਹ ਮਾਲਕ ਕਿਸੇ ਤੋਂ ਭੀ ਦੂਰ ਨਹੀਂ ਹੈ, ਸਦਾ ਹਰੇਕ ਦੇ ਅੰਗ-ਸੰਗ ਵੱਸਦਾ ਹੈ, ਦਸੀਂ ਹੀ ਪਾਸੀਂ ਉਹ ਸਦਾ ਹੀ ਸਦਾ ਹੀ ਵਿਆਪਕ ਰਹਿੰਦਾ ਹੈ।
20677	457	ਪ੍ਰਾਨਪਤਿ ਗਤਿ ਮਤਿ ਜਾ ਤੇ ਪ੍ਰਿਅ ਪ੍ਰੀਤਿ ਪ੍ਰੀਤਮੁ ਭਾਵਏ॥	(ਜਾ)ਜਿਨ੍ਹਾਂ ਤੋਂ। ਭਾ-ਵਏ	Praanapath Gath Math Jaa Thae Pria Preeth Preetham Bhaaveae ||	He is the Lord of souls, the source of salvation and wisdom. The Love of my Dear Beloved is pleasing to me.	ਸਭ ਜੀਵਾਂ ਦੀ ਜਿੰਦ ਦਾ ਮਾਲਕ ਉਹ ਪਰਮਾਤਮਾ ਐਸਾ ਹੈ ਜਿਸ ਪਾਸੋਂ ਜੀਵਾਂ ਨੂੰ ਉੱਚੀ ਆਤਮਕ ਅਵਸਥਾ ਮਿਲਦੀ ਹੈ, ਚੰਗੀ ਅਕਲ ਪ੍ਰਾਪਤ ਹੁੰਦੀ ਹੈ। ਜਿਉਂ ਜਿਉਂ ਉਸ ਪਿਆਰੇ ਨਾਲ ਪ੍ਰੀਤਿ ਵਧਾਈਏ, ਤਿਉਂ ਤਿਉਂ ਉਹ ਪ੍ਰੀਤਮ-ਪ੍ਰਭੂ ਪਿਆਰਾ ਲੱਗਦਾ ਹੈ।

20678	457	ਨਾਨਕੁ ਵਖਾਣੈ ਗੁਰ ਬਚਨਿ ਜਾਣੈ ਥਿਰੁ ਸੰਤਨ ਸੋਹਾਗੁ ਮਰੈ ਨ ਜਾਵਏ॥੧॥		Naanak Vakhaanai Gur Bachan Jaanai Thhir Santhan Sohaag Marai N Jaaveae ||1||	Nanak speaks what the Guru's Teachings have led him to know. The Husband Lord of the Saints is eternal; He does not die or go away. ||1||	ਨਾਨਕ ਆਖਦਾ ਹੈ-ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਉਸ ਪ੍ਰਭੂ-ਪ੍ਰੀਤਮ ਨਾਲ) ਡੂੰਘੀ ਸਾਂਝ ਪੈਂਦੀ ਹੈ। (ਪਰਮਾਤਮਾ ਦੇ) ਸੰਤ ਜਨਾਂ ਦਾ ਚੰਗਾ ਭਾਗ ਸਦਾ ਕਾਇਮ ਰਹਿੰਦਾ ਹੈ (ਕਿਉਂਕਿ) ਉਹਨਾਂ ਦਾ ਖਸਮ-ਪ੍ਰਭੂ ਨਾਹ (ਕਦੇ) ਮਰਦਾ ਹੈ ਨਾਹ (ਕਦੇ ਉਹਨਾਂ ਨੂੰ ਛੱਡ ਕੇ ਕਿਤੇ) ਜਾਂਦਾ ਹੈ ॥੧॥
20679	457	ਜਾ ਕਉ ਰਾਮ ਭਤਾਰੁ ਤਾ ਕੈ ਅਨਦੁ ਘਣਾ॥	(ਭਤਾਰੁ) ਖਸਮ	Jaa Ko Raam Bhathaar Thaa Kai Anadh Ghanaa ||	One who has the Lord as her Husband enjoys great bliss.	ਜਿਸ (ਜੀਵ-ਇਸਤ੍ਰੀ) ਨੂੰ ਪ੍ਰਭੂ ਪਤੀ (ਮਿਲ ਪੈਂਦਾ ਹੈ) ਉਸ ਦੇ ਹਿਰਦੇ ਘਰ ਵਿਚ ਬਹੁਤ ਆਨੰਦ ਬਣਿਆ ਰਹਿੰਦਾ ਹੈ,
20680	457	ਸੁਖਵੰਤੀ ਸਾ ਨਾਰਿ ਸੋਭਾ ਪੂਰਿ ਬਣਾ॥		Sukhavanthee Saa Naar Sobhaa Poor Banaa ||	That soul-bride is happy, and her glory is perfect.	ਉਹ ਸੁਖੀ ਜੀਵਨ ਬਿਤਾਂਦੀ ਹੈ, ਹਰ ਥਾਂ ਉਸ ਦੀ ਸੋਭਾ ਵਡਿਆਈ ਬਣੀ ਰਹਿੰਦੀ ਹੈ।
20681	457	ਮਾਣੁ ਮਹਤੁ ਕਲਿਆਣੁ ਹਰਿ ਜਸੁ ਸੰਗਿ ਸੁਰਜਨੁ ਸੋ ਪ੍ਰਭੂ॥	(ਮ-ਹੱਤੁ) ਵਡਿਆਈ। (ਸੁਰਜਨੁ) ਸੱਜਣ	Maan Mehath Kaliaan Har Jas Sang Surajan So Prabhoo ||	She obtains honor, greatness and happiness, singing the Praise of the Lord. God, the Great Being, is always with her.	ਉਸ ਜੀਵ-ਇਸਤ੍ਰੀ ਨੂੰ ਹਰ ਥਾਂ ਆਦਰ ਮਿਲਦਾ ਹੈ ਵਡਿਆਈ ਮਿਲਦੀ ਹੈ ਸੁਖ ਮਿਲਦਾ ਹੈ (ਕਿਉਂਕਿ ਉਸ ਨੂੰ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਪ੍ਰਾਪਤ ਹੋਈ ਰਹਿੰਦੀ ਹੈ। ਦੈਵੀ ਗੁਣਾਂ ਦਾ ਮਾਲਕ-ਪ੍ਰਭੂ ਸਦਾ ਉਸ ਦੇ ਅੰਗ-ਸੰਗ ਵੱਸਦਾ ਹੈ।

20682	457	ਸਰਬ ਸਿਧਿ ਨਵ ਨਿਧਿ ਤਿਤੁ ਗ੍ਰਿਹਿ ਨਹੀ ਊਨਾ ਸਭੁ ਕਛੂ॥	(ਊਨਾ) ਘਾਟਾ।ਊਨਾ: ਪੋਲਾ ਬੋਲੋ	Sarab Sidhh Nav Nidhh Thith Grihi Nehee Oonaa Sabh Kashhoo ||	She attains total perfection and the nine treasures; her home lacks nothing. - everything is there.	ਉਸ (ਜੀਵ-ਇਸਤ੍ਰੀ ਦੇ) ਹਿਰਦੇ-ਘਰ ਵਿਚ ਸਾਰੀਆਂ ਕਰਾਮਾਤੀ ਤਾਕਤਾਂ ਸਾਰੇ ਹੀ ਨੌ ਖ਼ਜ਼ਾਨੇ ਵੱਸ ਪੈਂਦੇ ਹਨ, ਉਸ ਨੂੰ ਕੋਈ ਘਾਟ ਨਹੀਂ ਰਹਿੰਦੀ, ਉਸ ਨੂੰ ਸਭ ਕੁਝ ਪ੍ਰਾਪਤ ਰਹਿੰਦਾ ਹੈ।
20683	457	ਮਧੁਰ ਬਾਨੀ ਪਿਰਹਿ ਮਾਨੀ ਥਿਰੁ ਸੋਹਾਗੁ ਤਾ ਕਾ ਬਣਾ॥	(ਮਧੁਰ) ਮਿੱਠੀ	Madhhur Baanee Pirehi Maanee Thhir Sohaag Thaa Kaa Banaa ||	Her speech is so sweet; she obeys her Beloved Lord; her marriage is permanent and everlasting.	ਉਸ ਜੀਵ-ਇਸਤ੍ਰੀ ਦੇ ਬੋਲ ਮਿੱਠੇ ਹੋ ਜਾਂਦੇ ਹਨ, ਪ੍ਰਭੂ-ਪਤੀ ਨੇ ਉਸ ਨੂੰ ਆਦਰ-ਮਾਣ ਦੇ ਰੱਖਿਆ ਹੁੰਦਾ ਹੈ। ਉਸ ਦਾ ਚੰਗਾ ਭਾਗ ਸਦਾ ਲਈ ਬਣਿਆ ਰਹਿੰਦਾ ਹੈ।
20684	457	ਨਾਨਕੁ ਵਖਾਣੈ ਗੁਰ ਬਚਨਿ ਜਾਣੈ ਜਾ ਕੋ ਰਾਮੁ ਭਤਾਰੁ ਤਾ ਕੈ ਅਨਦੁ ਘਣਾ॥੨॥		Naanak Vakhaanai Gur Bachan Jaanai Jaa Ko Raam Bhathaar Thaa Kai Anadh Ghanaa ||2||	Nanak chants what he knows through the Guru's Teachings: One who has the Lord as her Husband enjoys great bliss. ||2||	ਨਾਨਕ ਆਖਦਾ ਹੈ-ਗੁਰੂ ਦੇ ਸ਼ਬਦ ਦੀ ਰਾਹੀਂ ਉਹ ਜੀਵ-ਇਸਤ੍ਰੀ ਪ੍ਰਭੂ-ਪਤੀ ਨਾਲ ਡੂੰਘੀ ਸਾਂਝ ਪਾ ਲੈਂਦੀ ਹੈ। ਸਰਬ-ਵਿਆਪਕ ਪਰਮਾਤਮਾ ਜਿਸ ਜੀਵ-ਇਸਤ੍ਰੀ ਦਾ ਖਸਮ ਬਣ ਜਾਂਦਾ ਹੈ ਉਸ ਦੇ ਹਿਰਦੇ-ਘਰ ਵਿਚ ਬਹੁਤ ਆਨੰਦ ਬਣਿਆ ਰਹਿੰਦਾ ਹੈ ॥੨॥
20685	457	ਆਉ ਸਖੀ ਸੰਤ ਪਾਸਿ ਸੇਵਾ ਲਾਗੀਐ॥		Aao Sakhee Santh Paas Saevaa Laageeai ||	Come, O my companions, let us dedicate ourselves to serving the Saints.	ਹੇ ਸਹੇਲੀ! ਆ, ਗੁਰੂ ਦੇ ਪਾਸ ਚੱਲੀਏ। (ਗੁਰੂ ਦੀ ਦੱਸੀ) ਸੇਵਾ ਵਿਚ ਲੱਗਣਾ ਚਾਹੀਦਾ ਹੈ।

20686	457	ਪੀਸਉ ਚਰਣ ਪਖਾਰਿ ਆਪੁ ਤਿਆਗੀਐ॥	(ਪਖਾਰਿ) ਧੋਵਾਂ	Peeso Charan Pakhaar Aap Thiaageeai ||	Let us grind their corn, wash their feet and so renounce our self-conceit.	ਹੇ ਸਖੀ! (ਮੇਰਾ ਜੀ ਕਰਦਾ ਹੈ) ਮੈਂ (ਗੁਰੂ ਕੇ ਲੰਗਰ ਵਾਸਤੇ ਚੱਕੀ) ਪੀਹਾਂ, ਮੈਂ (ਗੁਰੂ ਦੇ) ਚਰਨ ਧੋਵਾਂ। ਹੇ ਸਖੀ! ਗੁਰੂ ਦੇ ਦਰ ਤੇ ਜਾ ਕੇ ਅਹੰਕਾਰ ਤਿਆਗ ਦੇਣਾ ਚਾਹੀਦਾ ਹੈ।
20687	457	ਤਜਿ ਆਪੁ ਮਿਟੈ ਸੰਤਾਪੁ ਆਪੁ ਨਹ ਜਾਣਾਈਐ॥	(ਸੰਤਾਪੁ) ਦੁੱਖ	Thaj Aap Mittai Santhaap Aap Neh Jaanaaeeai ||	Let us shed our egos, and our troubles shall be removed; let us not display ourselves.	ਹੇ ਸਖੀ! ਅਹੰਕਾਰ ਤਿਆਗ ਕੇ (ਮਨ ਦਾ) ਕਲੇਸ਼ ਮਿਟ ਜਾਂਦਾ ਹੈ। ਹੇ ਸਖੀ! ਕਦੇ ਭੀ ਆਪਣਾ ਆਪ ਜਤਾਣਾ ਨਹੀਂ ਚਾਹੀਦਾ।
20688	457	ਸਰਣਿ ਗਹੀਜੈ ਮਾਨਿ ਲੀਜੈ ਕਰੇ ਸੋ ਸੁਖੁ ਪਾਈਐ॥	(ਗਹੀਜੈ) ਪਕੜੀਏ	Saran Geheejai Maan Leejai Karae So Sukh Paaeeai ||	Let us take to His Sanctuary and obey Him, and be happy with whatever He does.	ਗੁਰੂ ਦਾ ਪੱਲਾ ਫੜ ਲੈਣਾ ਚਾਹੀਦਾ ਹੈ (ਜੋ ਗੁਰੂ ਹੁਕਮ ਕਰੇ ਉਹ) ਮੰਨ ਲੈਣਾ ਚਾਹੀਦਾ ਹੈ, ਜੋ ਕੁਝ ਗੁਰੂ ਕਰੇ ਉਸੇ ਨੂੰ ਸੁਖ (ਜਾਣ ਕੇ) ਲੈ ਲੈਣਾ ਚਾਹੀਦਾ ਹੈ।
20689	457	ਕਰਿ ਦਾਸ ਦਾਸੀ ਤਜਿ ਉਦਾਸੀ ਕਰ ਜੋੜਿ ਦਿਨੁ ਰੈਣਿ ਜਾਗੀਐ॥	ਉਦਾਸੀ (ਤਜਿ) ਤਿਆਗ ਕੇ	Kar Dhaas Dhaasee Thaj Oudhaasee Kar Jorr Dhin Rain Jaageeai ||	Let us become the slaves of His slaves, and shed our sadness, and with our palms pressed together, remain wakeful day and night.	ਹੇ ਸਖੀ! ਆਪਣੇ ਆਪ ਨੂੰ ਉਸ ਗੁਰੂ ਦੇ ਦਾਸਾਂ ਦੀ ਦਾਸੀ ਬਣਾ ਕੇ, (ਮਨ ਵਿਚੋਂ) ਉਪਰਾਮਤਾ ਤਿਆਗ ਕੇ ਦੋਵੇਂ ਹੱਥ ਜੋੜ ਕੇ ਦਿਨ ਰਾਤ (ਸੇਵਾ ਵਿਚ) ਸੁਚੇਤ ਰਹਿਣਾ ਚਾਹੀਦਾ ਹੈ।

20690	457	ਨਾਨਕੁ ਵਖਾਣੈ ਗੁਰ ਬਚਨਿ ਜਾਣੈ ਆਉ ਸਖੀ ਸੰਤ ਪਾਸਿ ਸੇਵਾ ਲਾਗੀਐ॥੩॥		Naanak Vakhaanai Gur Bachan Jaanai Aao Sakhee Santh Paas Saevaa Laageeai ||3||	Nanak chants what he knows through the Guru's Teachings; come, O my companions, let us dedicate ourselves to serving the Saints. ||3||	ਨਾਨਕ ਆਖਦਾ ਹੈ-(ਹੇ ਸਖੀ! ਜੀਵ) ਗੁਰੂ ਦੇ ਸ਼ਬਦ ਦੀ ਰਾਹੀਂ ਹੀ (ਪਰਮਾਤਮਾ ਨਾਲ) ਡੂੰਘੀ ਸਾਂਝ ਪਾ ਸਕਦਾ ਹੈ। (ਸੋ,) ਹੇ ਸਖੀ! ਆ, ਗੁਰੂ ਪਾਸ ਚੱਲੀਏ। (ਗੁਰੂ ਦੀ ਦੱਸੀ) ਸੇਵਾ ਵਿਚ ਲੱਗਣਾ ਚਾਹੀਦਾ ਹੈ ॥੩॥
20691	457	ਜਾ ਕੈ ਮਸਤਕਿ ਭਾਗ ਸਿ ਸੇਵਾ ਲਾਇਆ॥		Jaa Kai Masathak Bhaag S Saevaa Laaeiaa ||	One who has such good destiny written upon his forehead, dedicates himself to His service.	ਜਿਨ੍ਹਾਂ ਦੇ ਮੱਥੇ ਉਤੇ ਭਾਗ ਜਾਗਦੇ ਹਨ ਉਹਨਾਂ ਨੂੰ (ਗੁਰੂ ਪਰਮਾਤਮਾ ਦੀ) ਸੇਵਾ-ਭਗਤੀ ਵਿਚ ਜੋੜਦਾ ਹੈ।
20692	457	ਤਾ ਕੀ ਪੂਰਨ ਆਸ ਜਿਨ੍ ਸਾਧਸੰਗੁ ਪਾਇਆ॥		Thaa Kee Pooran Aas Jinh Saadhhasang Paaeiaa ||	One who attains the Saadh Sangat, the Company of the Holy, has his desires fulfilled.	ਜਿਨ੍ਹਾਂ ਨੂੰ ਗੁਰੂ ਦੀ ਸੰਗਤਿ ਪ੍ਰਾਪਤ ਹੁੰਦੀ ਹੈ ਉਹਨਾਂ ਦੀ ਹਰੇਕ ਆਸ ਪੂਰੀ ਹੋ ਜਾਂਦੀ ਹੈ।
20693	457	ਸਾਧਸੰਗਿ ਹਰਿ ਕੈ ਰੰਗਿ ਗੋਬਿੰਦ ਸਿਮਰਣ ਲਾਗਿਆ॥	(ਰੰਗਿ) ਪ੍ਰੇਮ ਚ	Saadhhasang Har Kai Rang Gobindh Simaran Laagiaa ||	In the Saadh Sangat, immerse yourself in the Love of the Lord; remember the Lord of the Universe in meditation.	ਸਾਧ ਸੰਗਤਿ ਦੀ ਬਰਕਤਿ ਨਾਲ ਪਰਮਾਤਮਾ ਦੇ ਪ੍ਰੇਮ ਵਿਚ ਜੁੜ ਕੇ ਉਹ ਪਰਮਾਤਮਾ ਦਾ ਸਿਮਰਨ ਕਰਨ ਲੱਗ ਪੈਂਦੇ ਹਨ।

20694	457	ਭਰਮੁ ਮੋਹੁ ਵਿਕਾਰੁ ਦੂਜਾ ਸਗਲ ਤਿਨਹਿ ਤਿਆਗਿਆ॥		Bharam Mohu Vikaar Dhoojaa Sagal Thinehi Thiaagiaa ||	Doubt, emotional attachment, sin and duality - he renounces them all.	ਮਾਇਆ ਦੀ ਖ਼ਾਤਰ ਭਟਕਣਾ, ਦੁਨੀਆ ਦਾ ਮੋਹ, ਵਿਕਾਰ, ਮੇਰ-ਤੇਰ-ਇਹ ਸਾਰੇ ਔਗੁਣ ਉਹ ਤਿਆਗ ਦੇਂਦੇ ਹਨ।
20695	457	ਮਨਿ ਸਾਂਤਿ ਸਹਜੁ ਸੁਭਾਉ ਵੂਠਾ ਅਨਦ ਮੰਗਲ ਗੁਣ ਗਾਇਆ॥	(ਵੁੱਠਾ) ਵਸਿਆ	Man Saanth Sehaj Subhaao Voothaa Anadh Mangal Gun Gaaeiaa ||	Peace, poise and tranquility fill his mind, and he sings the Lord's Glorious Praises with joy and delight.	ਉਹਨਾਂ ਦੇ ਮਨ ਵਿਚ ਸ਼ਾਂਤੀ ਪੈਦਾ ਹੋ ਜਾਂਦੀ ਹੈ, ਆਤਮਕ ਅਡੋਲਤਾ ਆ ਜਾਂਦੀ ਹੈ, ਪ੍ਰੇਮ ਪੈਦਾ ਹੋ ਜਾਂਦਾ ਹੈ, ਉਹ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਹਨ, ਤੇ, ਆਤਮਕ ਆਨੰਦ ਮਾਣਦੇ ਹਨ।
20696	457	ਨਾਨਕੁ ਵਖਾਣੈ ਗੁਰ ਬਚਨਿ ਜਾਣੈ ਜਾ ਕੈ ਮਸਤਕਿ ਭਾਗ ਸਿ ਸੇਵਾ ਲਾਇਆ॥੪॥੪॥੭॥		Naanak Vakhaanai Gur Bachan Jaanai Jaa Kai Masathak Bhaag S Saevaa Laaeiaa ||4||4||7||	Nanak chants what he knows through the Guru's Teachings: one who has such good destiny written upon his forehead, dedicates himself to His service. ||4||4||7||	ਨਾਨਕ ਆਖਦਾ ਹੈ-ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਹੀ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਸਕਦਾ ਹੈ। ਜਿਨ੍ਹਾਂ ਮਨੁੱਖਾਂ ਦੇ ਮੱਥੇ ਉਤੇ ਭਾਗ ਜਾਗਦੇ ਹਨ, ਗੁਰੂ ਉਹਨਾਂ ਨੂੰ ਪਰਮਾਤਮਾ ਦੀ ਸੇਵਾ-ਭਗਤੀ ਵਿਚ ਜੋੜਦਾ ਹੈ ॥੪॥੪॥੭॥
20697	457	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl,	
20698	457	ਸਲੋਕੁ॥		Salok ||	Shalok:	

20699	457	ਹਰਿ ਹਰਿ ਨਾਮੁ ਜਪੰਤਿਆ ਕਛੁ ਨ ਕਹੈ ਜਮਕਾਲੁ॥		Har Har Naam Japanthiaa Kashh N Kehai Jamakaal ||	If you chant the Naam, the Name of the Lord, Har, Har, the Messenger of Death will have nothing to say to you.	ਪਰਮਾਤਮਾ ਦਾ ਨਾਮ ਸਿਮਰਦਿਆਂ ਮੌਤ ਦਾ ਡਰ ਪੋਹ ਨਹੀਂ ਸਕਦਾ (ਆਤਮਕ ਮੌਤ ਨੇੜੇ ਨਹੀਂ ਆ ਸਕਦੀ)।
20700	457	ਨਾਨਕ ਮਨੁ ਤਨੁ ਸੁਖੀ ਹੋਇ ਅੰਤੇ ਮਿਲੈ ਗੋਪਾਲੁ॥੧॥		Naanak Man Than Sukhee Hoe Anthae Milai Gopaal ||1||	O Nanak, the mind and body will be at peace, and in the end, you shall merge with the Lord of the world. ||1||	ਹੇ ਨਾਨਕ! (ਸਿਮਰਨ ਦੀ ਬਰਕਤਿ ਨਾਲ) ਮਨ ਸੁਖੀ ਰਹਿੰਦਾ ਹੈ ਹਿਰਦਾ ਸੁਖੀ ਹੋ ਜਾਂਦਾ ਹੈ, ਤੇ, ਆਖ਼ਰ ਪਰਮਾਤਮਾ ਭੀ ਮਿਲ ਪੈਂਦਾ ਹੈ ॥੧॥
20701	457	ਛੰਤ॥		Shhanth ||	Chhant:	ਛੰਤ।
20702	457	ਮਿਲਉ ਸੰਤਨ ਕੈ ਸੰਗਿ ਮੋਹਿ ਉਧਾਰਿ ਲੇਹੁ॥		Milo Santhan Kai Sang Mohi Oudhhaar Laehu ||	Let me join the Society of the Saints - save me, Lord!	ਹੇ ਹਰੀ! ਮੈਨੂੰ (ਵਿਕਾਰਾਂ ਤੋਂ) ਬਚਾਈ ਰੱਖ (ਮੇਹਰ ਕਰ) ਮੈਂ ਤੇਰੇ ਸੰਤ ਜਨਾਂ ਦੀ ਸੰਗਤਿ ਵਿਚ ਟਿਕਿਆ ਰਹਾਂ।
20703	457	ਬਿਨਉ ਕਰਉ ਕਰ ਜੋੜਿ ਹਰਿ ਹਰਿ ਨਾਮੁ ਦੇਹੁ॥		Bino Karo Kar Jorr Har Har Naam Dhaehu ||	With my palms pressed together, I offer my prayer: give me Your Name, O Lord, Har, Har.	ਮੈਂ ਦੋਵੇਂ ਹੱਥ ਜੋੜ ਕੇ (ਤੇਰੇ ਦਰ ਤੇ) ਅਰਦਾਸ ਕਰਦਾ ਹਾਂ, ਮੈਨੂੰ ਆਪਣੇ ਨਾਮ ਦੀ ਦਾਤਿ ਬਖ਼ਸ਼।

20704	457	ਹਰਿ ਨਾਮੁ ਮਾਗਉ ਚਰਣ ਲਾਗਉ ਮਾਨੁ ਤਿਆਗਉ ਤੁਮ੍ਹ ਦਇਆ॥		Har Naam Maago Charan Laago Maan Thiaago Thumh Dhaeiaa ||	I beg for the Lord's Name, and fall at His feet; I renounce my self-conceit, by Your kindness.	ਹੇ ਹਰੀ! ਮੈਂ ਤੈਥੋਂ ਤੇਰਾ ਨਾਮ ਮੰਗਦਾ ਹਾਂ। ਜੇ ਤੂੰ ਮੇਹਰ ਕਰੇਂ ਤਾਂ ਮੈਂ ਤੇਰੀ ਚਰਨੀਂ ਲੱਗਾ ਰਹਾਂ, (ਅਤੇ ਆਪਣੇ ਅੰਦਰੋਂ) ਅਹੰਕਾਰ ਤਿਆਗ ਦਿਆਂ।
20705	457	ਕਤਹੂੰ ਨ ਧਾਵਉ ਸਰਣਿ ਪਾਵਉ ਕਰੁਣਾਮੈ ਪ੍ਰਭ ਕਰਿ ਮਇਆ॥	(ਕਰੁਣਾ-ਮੈ) ਕ੍ਰਿਪਾ ਸਰੂਪ। (ਮਇਆ) ਮਿਹਰ	Kathehoon N Dhhaavo Saran Paavo Karunaa Mai Prabh Kar Maeiaa ||	I shall not wander anywhere else, but take to Your Sanctuary. O God, embodiment of mercy, have mercy on me.	ਹੇ ਤਰਸ-ਸਰੂਪ ਪ੍ਰਭੂ! (ਮੇਰੇ ਉਤੇ) ਮੇਹਰ ਕਰ, ਮੈਂ ਤੇਰੀ ਸਰਨ ਪਿਆ ਰਹਾਂ, ਤੇ (ਤੇਰਾ ਆਸਰਾ ਛੱਡ ਕੇ) ਕਿਸੇ ਹੋਰ ਪਾਸੇ ਨਾਹ ਦੌੜਾਂ।
20706	457	ਸਮਰਥ ਅਗਥ ਅਪਾਰ ਨਿਰਮਲ ਸੁਣਹੁ ਸੁਆਮੀ ਬਿਨਉ ਏਹੁ॥	(ਅ-ਗਥ) ਕਥਨ ਰਹਿਤ। ਸਮਰੱਥ	Samarathh Agathh Apaar Niramal Sunahu Suaamee Bino Eaehu ||	O all-powerful, indescribable, infinite and immaculate Lord Master, listen to this, my prayer.	ਹੇ ਸਭ ਤਾਕਤਾਂ ਦੇ ਮਾਲਕ! ਹੇ ਅਕੱਥ! ਹੇ ਬੇਅੰਤ! ਹੇ ਪਵਿਤ੍ਰ-ਸਰੂਪ ਸੁਆਮੀ! ਮੇਰੀ ਇਹ ਅਰਦਾਸ ਸੁਣ।
20707	457	ਕਰ ਜੋੜਿ ਨਾਨਕ ਦਾਨੁ ਮਾਗੈ ਜਨਮ ਮਰਣ ਨਿਵਾਰਿ ਲੇਹੁ॥੧॥	(ਨਿਵਾਰਿ) ਦੂਰ ਕਰੋ	Kar Jorr Naanak Dhaan Maagai Janam Maran Nivaar Laehu ||1||	With palms pressed together, Nanak begs for this blessing: O Lord, let my cycle of birth and death come to an end. ||1||	ਤੇਰਾ ਦਾਸ ਨਾਨਕ ਤੈਥੋਂ ਇਹ ਦਾਨ ਮੰਗਦਾ ਹੈ ਕਿ ਮੇਰਾ ਜਨਮ ਮਰਨ ਦਾ ਗੇੜ ਮੁਕਾ ਦੇ ॥੧॥

20708	458	ਅਪਰਾਧੀ ਮਤਿ ਹੀਨੁ ਨਿਰਗੁਨੁ ਅਨਾਥੁ ਨੀਚੁ॥		Aparaadhhee Mathiheen Niragun Anaathh Neech ||	I am a sinner, devoid of wisdom, worthless, destitute and vile.	ਹੇ ਪ੍ਰਭੂ! ਮੈਂ ਗੁਨਾਹਗਾਰ ਹਾਂ, ਅਕਲੋਂ ਸੱਖਣਾ ਹਾਂ, ਗੁਣ-ਹੀਣ ਹਾਂ, ਨਿਆਸਰਾ ਹਾਂ, ਮੰਦੇ ਸੁਭਾਵ ਵਾਲਾ ਹਾਂ।
20709	458	ਸਠ ਕਠੋਰੁ ਕੁਲ ਹੀਨੁ ਬਿਆਪਤ ਮੋਹ ਕੀਚੁ॥	(ਸਠ) ਵਿਕਾਰੀ। ਸਠ:ਪੋਲਾ ਬੋਲੋ (ਕਠੋਰੁ) ਨਿਰਦਈ। (ਕੀਚੁ) ਚਿੱਕੜ	Sath Kathor Kuleheen Biaapath Moh Keech ||	I am deceitful, hard-hearted, lowly and entangled in the mud of emotional attachment.	ਹੇ ਪ੍ਰਭੂ! ਮੈਂ ਵਿਕਾਰੀ ਹਾਂ, ਬੇ-ਤਰਸ ਹਾਂ, ਨੀਵੀਂ ਕੁਲ ਵਾਲਾ ਹਾਂ, ਮੋਹ ਦਾ ਚਿੱਕੜ ਮੇਰੇ ਉਤੇ ਆਪਣਾ ਦਬਾਉ ਪਾ ਰਿਹਾ ਹੈ।
20710	458	ਮਲ ਭਰਮ ਕਰਮ ਅਹੰ ਮਮਤਾ ਮਰਣੁ ਚੀਤਿ ਨ ਆਵਏ॥	ਆ-ਵਏ	Mal Bharam Karam Ahan Mamathaa Maran Cheeth N Aaveae ||	I am stuck in the filth of doubt and egotistical actions, and I try not to think of death.	ਹੇ ਪ੍ਰਭੂ! ਭਟਕਣਾ ਵਿਚ ਪੈਣ ਵਾਲੇ ਕਰਮਾਂ ਦੀ ਮੈਲ ਮੈਨੂੰ ਲੱਗੀ ਹੋਈ ਹੈ, ਮੇਰੇ ਅੰਦਰ ਅਹੰਕਾਰ ਹੈ, ਮਮਤਾ ਹੈ, (ਇਸ ਵਾਸਤੇ) ਮੌਤ ਮੈਨੂੰ ਚੇਤੇ ਨਹੀਂ ਆਉਂਦੀ।
20711	458	ਬਨਿਤਾ ਬਿਨੋਦ ਅਨੰਦ ਮਾਇਆ ਅਗਿਆਨਤਾ ਲਪਟਾਵਏ॥	(ਬਨਿ-ਤਾ) ਇਸਤ੍ਰੀ। (ਬਿਨੋਦ) ਚੋਜ ਤਮਾਸ਼ੇ। ਲਪਟਾ-ਵਏ	Banithaa Binodh Anandh Maaeiaa Agiaanathaa Lapattaaveae ||	In ignorance, I cling to the pleasures of woman and the joys of Maya.	ਮੈਂ ਇਸਤ੍ਰੀ ਦੇ ਚੋਜ-ਤਮਾਸ਼ਿਆਂ ਵਿਚ ਮਾਇਆ ਦੇ ਮੌਜ-ਮੇਲਿਆਂ ਵਿਚ (ਗ਼ਰਕ ਹਾਂ), ਮੈਨੂੰ ਅਗਿਆਨਤਾ ਚੰਬੜੀ ਹੋਈ ਹੈ।
20712	458	ਖਿਸੈ ਜੋਬਨੁ ਬਧੈ ਜਰੂਆ ਦਿਨ ਨਿਹਾਰੇ ਸੰਗਿ ਮੀਚੁ॥	(ਜਰੂਆ) ਬੁਢੇਪਾ। (ਨਿਹਾਰੇ) ਦੇਖ ਰਹੀ। (ਮੀਚੁ) ਮੌਤ। ਖਿਸੈ: ਪੋਲਾ ਬੋਲੋ	Khisai Joban Badhhai Jarooaa Dhin Nihaarae Sang Meech ||	My youth is wasting away, old age is approaching, and Death, my companion, is counting my days.	ਹੇ ਪ੍ਰਭੂ! ਮੇਰੀ ਜਵਾਨੀ ਢਲ ਰਹੀ ਹੈ, ਬੁਢੇਪਾ ਵਧ ਰਿਹਾ ਹੈ, ਮੌਤ (ਮੇਰੇ) ਨਾਲ (ਮੇਰੀ ਜ਼ਿੰਦਗੀ ਦੇ) ਦਿਨ ਤੱਕ ਰਹੀ ਹੈ।

20713	458	ਬਿਨਵੰਤਿ ਨਾਨਕ ਆਸ ਤੇਰੀ ਸਰਣਿ ਸਾਧੂ ਰਾਖੁ ਨੀਚੁ॥੨॥		Binavanth Naanak Aas Thaeree Saran Saadhhoo Raakh Neech ||2||	Prays Nanak, my hope is in You, Lord; please preserve me, the lowly one, in the Sanctuary of the Holy. ||2||	ਤੇਰਾ ਦਾਸ ਨਾਨਕ (ਤੇਰੇ ਦਰ ਤੇ) ਬੇਨਤੀ ਕਰਦਾ ਹੈ, ਮੈਨੂੰ ਤੇਰੀ ਹੀ ਆਸ ਹੈ, ਮੈਨੂੰ ਨੀਚ ਨੂੰ ਗੁਰੂ ਦੀ ਸਰਨ ਰੱਖ ॥੨॥
20714	458	ਭਰਮੇ ਜਨਮ ਅਨੇਕ ਸੰਕਟ ਮਹਾ ਜੋਨ॥		Bharamae Janam Anaek Sankatt Mehaa Jon ||	I have wandered through countless incarnations, suffering terrible pain in these lives.	ਹੇ ਪ੍ਰਭੂ! ਹੇ ਮੁਰਾਰੀ! ਮੈਂ ਅਨੇਕਾਂ ਜਨਮਾਂ ਵਿਚ ਭਟਕਿਆ ਹਾਂ, ਮੈਂ ਕਈ ਜੂਨਾਂ ਦੇ ਵੱਡੇ ਦੁੱਖ ਸਹਾਰੇ ਹਨ।
20715	458	ਲਪਟਿ ਰਹਿਓ ਤਿਹ ਸੰਗਿ ਮੀਠੇ ਭੋਗ ਸੋ ਨ॥	ਸੋ ਭੋਗ ਮਿੱਠੇ (ਨ) ਨਹੀਂ। (੨. ਸੋਨ)	Lapatt Rehiou Thih Sang Meethae Bhog Son ||	I am entangled in sweet pleasures and gold.	ਧਨ ਤੇ ਪਦਾਰਥਾਂ ਦੇ ਭੋਗ ਮੈਨੂੰ ਮਿੱਠੇ ਲੱਗ ਰਹੇ ਹਨ, ਮੈਂ ਇਹਨਾਂ ਨਾਲ ਹੀ ਚੰਬੜਿਆ ਰਹਿੰਦਾ ਹਾਂ।
20716	458	ਭ੍ਰਮਤ ਭਾਰ ਅਗਨਤ ਆਇਓ ਬਹੁ ਪ੍ਰਦੇਸਹ ਧਾਇਓ॥	ਜੂਨਾਂ ਰੂਪੀ (ਪ੍ਰਦੇਸਹ) ਪ੍ਰਦੇਸਾਂ ਚ (ਧਾਇਓ) ਦੌੜ ਰਹੇ। ਅ-ਗਨਤ	Bhramath Bhaar Aganath Aaeiou Bahu Pradhaeseh Dhhaaeiou ||	After wandering around with such great loads of sin, I have come, after wandering through so many foreign lands.	ਅਨੇਕਾਂ ਪਾਪਾਂ ਦਾ ਭਾਰ ਚੁੱਕ ਕੇ ਮੈਂ ਭਟਕਦਾ ਆ ਰਿਹਾ ਹਾਂ, ਅਨੇਕਾਂ ਪਰਦੇਸਾਂ ਵਿਚ (ਜੂਨਾਂ ਵਿਚ) ਦੌੜ ਚੁਕਿਆ ਹਾਂ (ਦੁੱਖ ਹੀ ਦੁੱਖ ਵੇਖੇ ਹਨ)।
20717	458	ਅਬ ਓਟ ਧਾਰੀ ਪ੍ਰਭ ਮੁਰਾਰੀ ਸਰਬ ਸੁਖ ਹਰਿ ਨਾਇਓ॥		Ab Outt Dhhaaree Prabh Muraaree Sarab Sukh Har Naaeiou ||	Now, I have taken the protection of God, and I have found total peace in the Name of the Lord.	ਹੁਣ ਮੈਂ ਤੇਰਾ ਪੱਲਾ ਫੜਿਆ ਹੈ, ਤੇ, ਹੇ ਹਰੀ! ਤੇਰੇ ਨਾਮ ਵਿਚ ਮੈਨੂੰ ਸਾਰੇ ਸੁਖ ਮਿਲ ਗਏ ਹਨ।

20718	458	ਰਾਖਨਹਾਰੇ ਪ੍ਰਭ ਪਿਆਰੇ ਮੁਝ ਤੇ ਕਛੂ ਨ ਹੋਆ ਹੋ ਨ॥		Raakhanehaarae Prabh Piaarae Mujh Thae Kashhoo N Hoaa Hon ||	God, my Beloved, is my protector; nothing was done, or will ever be done, by myself alone.	ਹੇ ਰੱਖਿਆ ਕਰਨ ਦੇ ਸਮਰਥ ਪਿਆਰੇ ਪ੍ਰਭੂ! (ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ) ਮੈਥੋਂ ਹੁਣ ਤਕ ਕੁਝ ਨਹੀਂ ਹੋ ਸਕਿਆ, ਅਗਾਂਹ ਨੂੰ ਭੀ ਕੁਝ ਨਹੀਂ ਹੋ ਸਕੇਗਾ।
20719	458	ਸੂਖ ਸਹਜ ਆਨੰਦ ਨਾਨਕ ਕ੍ਰਿਪਾ ਤੇਰੀ ਤਰੇ ਭਉਨ॥੩॥	(ਭਉਨ) ਭ੍ਰਮਣ, ਸੰਸਾਰ ਸਾਗਰ	Sookh Sehaj Aanandh Naanak Kirapaa Thaeree Tharai Bhoun ||3||	I have found peace, poise and bliss, O Nanak; by Your mercy, I swim across the world-ocean. ||3||	ਹੇ ਨਾਨਕ! (ਆਖ-ਹੇ ਪ੍ਰਭੂ!) ਜਿਸ ਮਨੁੱਖ ਉਤੇ ਤੇਰੀ ਕਿਰਪਾ ਹੋ ਜਾਂਦੀ ਹੈ, ਉਸ ਨੂੰ ਆਤਮਕ ਅਡੋਲਤਾ ਤੇ ਸੁਖ ਆਨੰਦ ਪ੍ਰਾਪਤ ਹੋ ਜਾਂਦੇ ਹਨ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੩॥
20720	458	ਨਾਮ ਧਾਰੀਕ ਉਧਾਰੇ ਭਗਤਹ ਸੰਸਾ ਕਉਨ॥		Naam Dhhaareek Oudhhaarae Bhagatheh Sansaa Koun ||	You saved those who only pretended to believe, so what doubts should Your true devotees have?	ਪਰਮਾਤਮਾ ਨੇ ਤਾਂ ਉਹ ਬੰਦੇ ਭੀ (ਵਿਕਾਰਾਂ ਤੋਂ) ਬਚਾ ਲਏ ਜਿਨ੍ਹਾਂ ਨੇ ਸਿਰਫ਼ ਆਪਣਾ ਨਾਮ ਹੀ ਭਗਤ ਰਖਾਇਆ ਹੋਇਆ ਸੀ। (ਸੱਚੇ) ਭਗਤਾਂ ਨੂੰ (ਤਾਂ ਸੰਸਾਰ-ਸਮੁੰਦਰ ਦਾ) ਕੋਈ ਸਹਮ ਨਹੀਂ ਰਹਿ ਸਕਦਾ।
20721	458	ਜੇਨ ਕੇਨ ਪਰਕਾਰੇ ਹਰਿ ਹਰਿ ਜਸੁ ਸੁਨਹੁ ਸ੍ਰਵਨ॥	(ਜੇਨ)ਜਿਸ। (ਕੇਨ)ਕਿਸ। (ਪਰਕਾਰੇ)ਤਰ੍ਹਾਂ ਭੀ ਹੋ ਸਕੇ	Jaen Kaen Parakaarae Har Har Jas Sunahu Sravan ||	By every means possible, listen to the Praises of the Lord with your ears.	(ਸੋ, ਹੇ ਭਾਈ!) ਜਿਸ ਤਰ੍ਹਾਂ ਭੀ ਹੋ ਸਕੇ ਆਪਣੇ ਕੰਨਾਂ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਦੇ ਰਿਹਾ ਕਰੋ।

20722	458	ਸੁਨਿ ਸ੍ਰਵਨ ਬਾਨੀ ਪੁਰਖ ਗਿਆਨੀ ਮਨਿ ਨਿਧਾਨਾ ਪਾਵਹੇ॥	ਪਾਵ-ਹੇ	Sun Sravan Baanee Purakh Giaanee Man Nidhhaanaa Paavehae ||	Listen with your ears to the Word of the Lord's Bani, the hymns of spiritual wisdom; thus you shall obtain the treasure in your mind.	ਹੇ ਗਿਆਨਵਾਨ ਬੰਦੇ! ਆਪਣੇ ਕੰਨਾਂ ਨਾਲ ਤੂੰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਸੁਣ (ਇਸ ਤਰ੍ਹਾਂ ਤੂੰ) ਮਨ ਵਿਚ ਨਾਮ-ਖ਼ਜ਼ਾਨਾ ਲੱਭ ਲਏਂਗਾ।
20723	458	ਹਰਿ ਰੰਗਿ ਰਾਤੇ ਪ੍ਰਭ ਬਿਧਾਤੇ ਰਾਮ ਕੇ ਗੁਣ ਗਾਵਹੇ॥	(ਬਿਧਾਤੇ) ਸਿਰਜਣਹਾਰ। ਗਾਵ-ਹੇ	Har Rang Raathae Prabh Bidhhaathae Raam Kae Gun Gaavehae ||	Attuned to the Love of the Lord God, the Architect of Destiny, sing the Glorious Praises of the Lord.	(ਭਾਗਾਂ ਵਾਲੇ ਹਨ ਉਹ ਮਨੁੱਖ ਜੇਹੜੇ) ਸਿਰਜਣਹਾਰ ਹਰੀ ਪ੍ਰਭੂ ਦੇ ਪ੍ਰੇਮ-ਰੰਗ ਵਿਚ ਮਸਤ ਹੋ ਕੇ ਉਸ ਦੇ ਗੁਣ ਗਾਂਦੇ ਹਨ।
20724	458	ਬਸੁਧ ਕਾਗਦ ਬਨਰਾਜ ਕਲਮਾ ਲਿਖਣ ਕਉ ਜੇ ਹੋਇ ਪਵਨ॥	(ਬ-ਸੁ-ਧ) ਧਰਤੀ। ਬਸੁਧ:ਪੋਲਾ ਮਿਲਵਾਂ। (ਬਨਰਾਜ) ਬਨਸਪਤੀ। ਕਲਮਾਂ	Basudhh Kaagadh Banaraaj Kalamaa Likhan Ko Jae Hoe Pavan ||	The earth is the paper, the forest is the pen and the wind is the writer,	ਜੇ ਸਾਰੀ ਧਰਤੀ ਕਾਗ਼ਜ਼ ਬਣ ਜਾਏ, ਜੇ ਸਾਰੀ ਬਨਸਪਤੀ ਕਲਮ ਬਣ ਜਾਏ, ਤੇ ਜੇ ਹਵਾ ਲਿਖਣ ਵਾਸਤੇ (ਲਿਖਾਰੀ) ਬਣ ਜਾਏ,
20725	458	ਬੇਅੰਤ ਅੰਤੁ ਨ ਜਾਇ ਪਾਇਆ ਗਹੀ ਨਾਨਕ ਚਰਣ ਸਰਨ॥੪॥੫॥੮॥		Baeanth Anth N Jaae Paaeiaa Gehee Naanak Charan Saran ||4||5||8||	But still, the end of the endless Lord cannot be found. O Nanak, I have taken to the Sanctuary of His lotus feet. ||4||5||8||	ਤਾਂ ਭੀ ਬੇਅੰਤ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ। ਹੇ ਨਾਨਕ! (ਆਖ- ਮੈਂ ਉਸ ਪਰਮਾਤਮਾ ਦੇ) ਚਰਨਾਂ ਦਾ ਆਸਰਾ ਲਿਆ ਹੈ ॥੪॥੫॥੮॥
20726	458	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	

20727	458	ਪੁਰਖ ਪਤੇ ਭਗਵਾਨ ਤਾ ਕੀ ਸਰਣਿ ਗਹੀ॥	(ਪਤ) ਖਸਮ ਹਰਿ ਜੀ। ਪਤ:ਪੋਲਾ	Purakh Pathae Bhagavaan Thaa Kee Saran Gehee ||	The Primal Lord is the Lord God of all beings. I have taken to His Sanctuary.	ਜੇਹੜਾ ਭਗਵਾਨ ਸਭ ਜੀਵਾਂ ਦਾ ਖਸਮ ਹੈ ਜਿਨ੍ਹਾਂ ਸੰਤ ਜਨਾਂ ਨੇ ਉਸ ਦਾ ਆਸਰਾ ਲਿਆ ਹੋਇਆ ਹੈ,
20728	458	ਨਿਰਭਉ ਭਏ ਪਰਾਨ ਚਿੰਤਾ ਸਗਲ ਲਹੀ॥	(ਪਰਾਨ) ਜਿੰਦ	Nirabho Bheae Paraan Chinthaa Sagal Lehee ||	My life has become fearless, and all my anxieties have been removed.	(ਉਸ ਆਸਰੇ ਦੀ ਬਰਕਤਿ ਨਾਲ) ਉਹਨਾਂ ਦੀ ਜਿੰਦ (ਦੁਨੀਆ ਦੇ) ਡਰਾਂ ਤੋਂ ਰਹਿਤ ਹੋ ਗਈ ਹੈ, ਉਹਨਾਂ ਦੀ ਹਰੇਕ ਕਿਸਮ ਦੀ ਚਿੰਤਾ ਦੂਰ ਹੋ ਗਈ ਹੈ।
20729	458	ਮਾਤ ਪਿਤਾ ਸੁਤ ਮੀਤ ਸੁਰਿਜਨ ਇਸਟ ਬੰਧਪ ਜਾਣਿਆ॥	(ਸੁਰਿ-ਜਨ)ਗੁਰਮੁਖਿ। (ਇਸਟ) ਸ੍ਰੇਸ਼ਟਪਿਆਰੇ। (ਬੰਧਪ)ਸਬੰਧੀ	Maath Pithaa Suth Meeth Surijan Eisatt Bandhhap Jaaniaa ||	I know the Lord as my mother, father, son, friend, well-wisher and close relative.	ਉਹਨਾਂ ਨੇ ਭਗਵਾਨ ਨੂੰ ਹੀ ਆਪਣੇ ਮਾਂ ਪਿਉ ਪੁੱਤਰ ਮਿੱਤਰ ਸੱਜਣ ਪਿਆਰੇ ਰਿਸ਼ਤੇਦਾਰ ਸਮਝ ਰੱਖਿਆ ਹੈ।
20730	458	ਗਹਿ ਕੰਠਿ ਲਾਇਆ ਗੁਰਿ ਮਿਲਾਇਆ ਜਸੁ ਬਿਮਲ ਸੰਤ ਵਖਾਣਿਆ॥	(ਬਿਮਲ) ਨਿਰਮਲ	Gehi Kanth Laaeiaa Gur Milaaeiaa Jas Bimal Santh Vakhaaniaa ||	The Guru has led me to embrace Him; the Saints chant His Pure Praises.	ਗੁਰੂ ਨੇ ਉਹਨਾਂ ਨੂੰ ਭਗਵਾਨ ਦੇ ਚਰਨਾਂ ਵਿਚ ਜੋੜ ਦਿੱਤਾ ਹੈ, (ਭਗਵਾਨ ਨੇ ਉਹਨਾਂ ਦੀ ਬਾਂਹ) ਫੜ ਕੇ ਉਹਨਾਂ ਨੂੰ ਆਪਣੇ ਗਲ ਲਾ ਲਿਆ ਹੈ। ਉਹ ਸੰਤ ਜਨ ਪਰਮਾਤਮਾ ਦੀ ਸਿਫ਼ਤਿ ਉਚਾਰਦੇ ਰਹਿੰਦੇ ਹਨ।

20731	458	ਬੇਅੰਤ ਗੁਣ ਅਨੇਕ ਮਹਿਮਾ ਕੀਮਤਿ ਕਛੂ ਨ ਜਾਇ ਕਹੀ॥		Baeanth Gun Anaek Mehimaa Keemath Kashhoo N Jaae Kehee ||	His Glorious Virtues are infinite, and His greatness is unlimited. His value cannot be described at all.	ਉਸ ਪਰਮਾਤਮਾ ਦੇ ਬੇਅੰਤ ਗੁਣ ਹਨ, ਅਨੇਕਾਂ ਵਡਿਆਈਆਂ ਹਨ, ਉਸ (ਦੀ ਬਜ਼ੁਰਗੀ) ਦਾ ਰਤਾ ਭਰ ਭੀ ਮੁੱਲ ਨਹੀਂ ਦੱਸਿਆ ਜਾ ਸਕਦਾ।
20732	458	ਪ੍ਰਭ ਏਕ ਅਨਿਕ ਅਲਖ ਠਾਕੁਰ ਓਟ ਨਾਨਕ ਤਿਸੁ ਗਹੀ॥੧॥		Prabh Eaek Anik Alakh Thaakur Outt Naanak This Gehee ||1||	God is the One and only, the Unseen Lord and Master; O Nanak, I have grasped His protection. ||1||	ਉਹ ਪ੍ਰਭੂ ਆਪਣੇ ਇਕ ਸਰੂਪ ਤੋਂ ਅਨੇਕ-ਰੂਪ ਬਣਿਆ ਹੋਇਆ ਹੈ, ਉਸ ਦੇ ਸਹੀ ਸਰੂਪ ਦਾ ਬਿਆਨ ਨਹੀਂ ਕੀਤਾ ਜਾ ਸਕਦਾ, ਉਹ ਸਭ ਦਾ ਮਾਲਕ ਹੈ। ਹੇ ਨਾਨਕ! (ਆਖ-ਸੰਤ ਜਨਾਂ ਨੇ) ਉਸ ਪਰਮਾਤਮਾ ਦਾ ਆਸਰਾ ਲਿਆ ਹੋਇਆ ਹੈ ॥੧॥
20733	458	ਅੰਮ੍ਰਿਤ ਬਨੁ ਸੰਸਾਰੁ ਸਹਾਈ ਆਪਿ ਭਏ॥	(ਬਨੁ) ਜਲ	Anmrith Ban Sansaar Sehaaee Aap Bheae ||	The world is a pool of nectar, when the Lord becomes our helper.	ਪਰਮਾਤਮਾ ਆਪ ਜਿਸ ਮਨੁੱਖ ਦਾ ਮਦਦਗਾਰ ਬਣਦਾ ਹੈ, ਉਸ ਦੇ ਵਾਸਤੇ ਸੰਸਾਰ-ਸਮੁੰਦਰ ਆਤਮਕ ਜੀਵਨ ਦੇਣ ਵਾਲਾ ਜਲ ਬਣ ਜਾਂਦਾ ਹੈ।
20734	458	ਰਾਮ ਨਾਮੁ ਉਰ ਹਾਰੁ ਬਿਖੁ ਕੇ ਦਿਵਸ ਗਏ॥	(ਦਿਵਸ) ਦਿਨ	Raam Naam Our Haar Bikh Kae Dhivas Geae ||	One who wears the necklace of the Lord's Name - his days of suffering are ended.	ਜੇਹੜਾ ਮਨੁੱਖ ਪਰਮਾਤਮਾ ਦੇ ਨਾਮ ਨੂੰ ਆਪਣੇ ਹਿਰਦੇ ਦਾ ਹਾਰ ਬਣਾ ਲੈਂਦਾ ਹੈ, ਉਸ ਦੇ ਵਾਸਤੇ (ਆਤਮਕ ਮੌਤ ਲਿਆਉਣ ਵਾਲੀ ਮਾਇਆ ਦੇ ਮੋਹ ਦਾ) ਜ਼ਹਰ ਖਾਣ ਵਾਲੇ ਦਿਨ ਬੀਤ ਜਾਂਦੇ ਹਨ।

20735	458	ਗਤੁ ਭਰਮ ਮੋਹ ਬਿਕਾਰ ਬਿਨਸੇ ਜੋਨਿ ਆਵਣ ਸਭ ਰਹੇ॥	(ਗਤੁ) ਨਾਸ। (ਬਿਨਸੇ) ਨਾਸ	Gath Bharam Moh Bikaar Binasae Jon Aavan Sabh Rehae ||	His state of doubt, attachment and sin is erased, and the cycle of reincarnation into the womb is totally ended.	ਉਸ ਦੀ ਭਟਕਣਾ ਮੁੱਕ ਜਾਂਦੀ ਹੈ, ਉਸ ਦੇ ਅੰਦਰੋਂ ਮੋਹ ਤੇ ਵਿਕਾਰ ਨਾਸ ਹੋ ਜਾਂਦੇ ਹਨ, ਉਸ ਦੇ ਜਨਮਾਂ ਦੇ ਗੇੜ ਮੁੱਕ ਜਾਂਦੇ ਹਨ।
20736	458	ਅਗਨਿ ਸਾਗਰ ਭਏ ਸੀਤਲ ਸਾਧ ਅੰਚਲ ਗਹਿ ਰਹੇ॥	(ਸੀਤਲ) ਠੰਢਾ। (ਅੰਚਲ) ਪੱਲਾ। (ਗਹਿ) ਪਕੜਿਆ	Agan Saagar Bheae Seethal Saadhh Anchal Gehi Rehae ||	The ocean of fire becomes cool, when one grasps the hem of the robe of the Holy Saint.	ਜੇਹੜਾ ਮਨੁੱਖ ਗੁਰੂ ਦਾ ਪੱਲਾ ਫੜੀ ਰੱਖਦਾ ਹੈ, ਵਿਕਾਰਾਂ ਦੀ ਅੱਗ ਨਾਲ ਭਰਿਆ ਹੋਇਆ ਸੰਸਾਰ-ਸਮੁੰਦਰ ਉਸ ਦੇ ਵਾਸਤੇ ਠੰਢਾ-ਠਾਰ ਹੋ ਜਾਂਦਾ ਹੈ।
20737	458	ਗੋਵਿੰਦ ਗੁਪਾਲ ਦਇਆਲ ਸੰਮ੍ਰਿਥ ਬੋਲਿ ਸਾਧੂ ਹਰਿ ਜੈ ਜਏ॥	ਸੰਮ੍ਰਿਥ	Govindh Gupaal Dhaeiaal Sanmrithh Bol Saadhhoo Har Jai Jeae ||	The Lord of the Universe, the Sustainer of the World, the merciful all-powerful Lord - the Holy Saints proclaim the victory of the Lord.	ਗੁਰੂ ਦੀ ਸਰਨ ਪੈ ਕੇ ਗੋਵਿੰਦ ਗੁਪਾਲ ਦਇਆਲ ਸਮਰੱਥ ਪਰਮਾਤਮਾ ਦੀ ਜੈ ਜੈਕਾਰ ਕਰਦਾ ਰਿਹਾ ਕਰ।
20738	458	ਨਾਨਕ ਨਾਮੁ ਧਿਆਇ ਪੂਰਨ ਸਾਧਸੰਗਿ ਪਾਈ ਪਰਮਗਤੇ॥੨॥		Naanak Naam Dhhiaae Pooran Saadhhasang Paaee Param Gathae ||2||	O Nanak, meditating on the Naam, in the perfect Saadh Sangat, the Company of the Holy, I have obtained the supreme status. ||2||	ਹੇ ਨਾਨਕ! ਗੁਰੂ ਦੀ ਸੰਗਤਿ ਵਿਚ ਰਹਿ ਕੇ ਪੂਰਨ ਪਰਮਾਤਮਾ ਦਾ ਨਾਮ ਸਿਮਰ ਕੇ ਸਭ ਤੋਂ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲਈਦੀ ਹੈ ॥੨॥

20739	458	ਜਹ ਦੇਖਉ ਤਹ ਸੰਗਿ ਏਕੋ ਰਵਿ ਰਹਿਆ॥		Jeh Dhaekho Theh Sang Eaeko Rav Rehiaa ||	Wherever I look, there I find the One Lord permeating and pervading all.	ਮੈਂ ਜਿੱਧਰ ਵੇਖਦਾ ਹਾਂ, ਉਧਰ ਹੀ ਮੇਰੇ ਨਾਲ ਮੈਨੂੰ ਇਕ ਪਰਮਾਤਮਾ ਹੀ ਮੌਜੂਦ ਦਿੱਸਦਾ ਹੈ,
20740	458	ਘਟ ਘਟ ਵਾਸੀ ਆਪਿ ਵਿਰਲੈ ਕਿਨੈ ਲਹਿਆ॥	(ਲਹਿਆ) ਜਾਣਿਆ	Ghatt Ghatt Vaasee Aap Viralai Kinai Lehiaa ||	In each and every heart, He Himself dwells, but how rare is that person who realizes this.	ਉਹ ਆਪ ਹੀ ਹਰੇਕ ਸਰੀਰ ਵਿਚ ਨਿਵਾਸ ਰੱਖਦਾ ਹੈ, ਪਰ ਕਿਸੇ ਵਿਰਲੇ ਮਨੁੱਖ ਨੇ ਇਹ ਗੱਲ ਸਮਝੀ ਹੈ।
20741	458	ਜਲਿ ਥਲਿ ਮਹੀਅਲਿ ਪੂਰਿ ਪੂਰਨ ਕੀਟ ਹਸਤਿ ਸਮਾਨਿਆ॥		Jal Thhal Meheeal Poor Pooran Keett Hasath Samaaniaa ||	The Lord is permeating and pervading the water, the land and the sky; He is contained in the ant and the elephant.	ਉਹ ਵਿਆਪਕ ਪ੍ਰਭੂ ਪਾਣੀ ਵਿਚ ਧਰਤੀ ਵਿਚ ਪੁਲਾੜ ਵਿਚ ਹਰ ਥਾਂ ਵੱਸ ਰਿਹਾ ਹੈ, ਕੀੜੀ ਵਿਚ ਹਾਥੀ ਵਿਚ ਇਕੋ ਜਿਹਾ।
20742	458	ਆਦਿ ਅੰਤੇ ਮਧਿ ਸੋਈ ਗੁਰ ਪ੍ਰਸਾਦੀ ਜਾਨਿਆ॥		Aadh Anthae Madhh Soee Gur Prasaadhee Jaaniaa ||	In the beginning, in the middle and in the end, He exists. By Guru's Grace, He is known.	ਜਗਤ-ਰਚਨਾ ਦੇ ਸ਼ੁਰੂ ਵਿਚ ਉਹ ਆਪ ਹੀ ਸੀ, ਰਚਨਾ ਦੇ ਅੰਤ ਵਿੱਚ ਵੀ ਉਹ ਆਪ ਹੀ ਹੋਵੇਗਾ, ਹੁਣ ਭੀ ਉਹ ਆਪ ਹੀ ਆਪ ਹੈ। ਗੁਰੂ ਦੀ ਕਿਰਪਾ ਨਾਲ ਹੀ ਇਸ ਗੱਲ ਦੀ ਸਮਝ ਆਉਂਦੀ ਹੈ।

20743	458	ਬ੍ਰਹਮੁ ਪਸਰਿਆ ਬ੍ਰਹਮ ਲੀਲਾ ਗੋਵਿੰਦ ਗੁਣ ਨਿਧਿ ਜਨਿ ਕਹਿਆ॥		Breham Pasariaa Breham Leelaa Govindh Gun Nidhh Jan Kehiaa ||	God created the expanse of the universe, God created the play of the world. His humble servants call Him the Lord of the Universe, the treasure of virtue.	ਹਰ ਪਾਸੇ ਪਰਮਾਤਮਾ ਦਾ ਹੀ ਪਸਾਰਾ ਹੈ, ਪਰਮਾਤਮਾ ਦੀ ਹੀ ਰਚੀ ਹੋਈ ਖੇਡ ਹੋ ਰਹੀ ਹੈ, ਉਹ ਪਰਮਾਤਮਾ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ। ਕਿਸੇ ਵਿਰਲੇ ਸੇਵਕ ਨੇ ਉਸ ਨੂੰ ਜਪਿਆ ਹੈ।
20744	458	ਸਿਮਰਿ ਸੁਆਮੀ ਅੰਤਰਜਾਮੀ ਹਰਿ ਏਕੁ ਨਾਨਕ ਰਵਿ ਰਹਿਆ॥੩॥		Simar Suaamee Antharajaamee Har Eaek Naanak Rav Rehiaa ||3||	Meditate in remembrance on the Lord Master, the Searcher of hearts; O Nanak, He is the One, pervading and permeating all. ||3||	ਹੇ ਨਾਨਕ! ਹਰੇਕ ਦੇ ਦਿਲ ਦੀ ਜਾਣਨ ਵਾਲੇ ਉਸ ਮਾਲਕ ਨੂੰ ਸਿਮਰਦਾ ਰਹੁ, ਉਹ ਹਰੀ ਆਪ ਹੀ ਹਰ ਥਾਂ ਮੌਜੂਦ ਹੈ ॥੩॥
20745	458	ਦਿਨੁ ਰੈਣਿ ਸੁਹਾਵੜੀ ਆਈ ਸਿਮਰਤ ਨਾਮੁ ਹਰੇ॥		Dhin Rain Suhaavarree Aaee Simarath Naam Harae ||	Day and night, become beauteous by remembering the Naam, the Name of the Lord.	ਮਨੁੱਖ ਲਈ ਉਹ ਦਿਨ ਸੋਹਣਾ ਆਉਂਦਾ ਹੈ ਉਹ ਰਾਤ ਸੋਹਣੀ ਆਉਂਦੀ ਹੈ ਜਦੋਂ ਉਹ ਪਰਮਾਤਮਾ ਦਾ ਨਾਮ ਸਿਮਰਦਾ ਹੈ।
20746	459	ਚਰਣਕਮਲ ਸੰਗਿ ਪ੍ਰੀਤਿ ਕਲਮਲ ਪਾਪ ਟਰੇ॥	(ਕਲਮਲ) ਦੋਸ਼। (ਟਰੇ) ਦੂਰ ਹੋਏ	Charan Kamal Sang Preeth Kalamal Paap Ttarae ||	In love with the Lord's Lotus Feet, corruption and sin depart.	ਪਰਮਾਤਮਾ ਦੇ ਸੋਹਣੇ ਕੋਮਲ ਚਰਨਾਂ ਨਾਲ ਜਿਸ ਮਨੁੱਖ ਦੀ ਪ੍ਰੀਤਿ ਬਣ ਜਾਂਦੀ ਹੈ ਉਸ ਦੇ ਸਾਰੇ ਪਾਪ ਵਿਕਾਰ ਦੂਰ ਹੋ ਜਾਂਦੇ ਹਨ।

20747	459	ਦੂਖ ਭੂਖ ਦਾਰਿਦ੍ਰ ਨਾਠੇ ਪ੍ਰਗਟੁ ਮਗੁ ਦਿਖਾਇਆ॥	(ਦਾਰਿਦ੍ਰ) ਗ੍ਰੀਬੀ	Dhookh Bhookh Dhaaridhr Naathae Pragatt Mag Dhikhaaeiaa ||	Pain, hunger and poverty run away, and the path is clearly revealed.	ਜਿਸ ਮਨੁੱਖ ਨੂੰ (ਗੁਰੂ ਨੇ ਜੀਵਨ ਦਾ) ਸਿੱਧਾ ਰਾਹ ਵਿਖਾ ਦਿੱਤਾ, ਉਸ ਦੇ ਦੁੱਖ ਉਸ ਦੀ ਭੁੱਖ ਉਸ ਦੀ ਗ਼ਰੀਬੀ ਸਭ ਦੂਰ ਹੋ ਗਏ।
20748	459	ਮਿਲਿ ਸਾਧਸੰਗੇ ਨਾਮ ਰੰਗੇ ਮਨਿ ਲੋੜੀਦਾ ਪਾਇਆ॥		Mil Saadhhasangae Naam Rangae Man Lorreedhaa Paaeiaa ||	Joining the Saadh Sangat, the Company of the Holy, one is attuned to the Naam, and obtains the desires of the mind.	ਜੇਹੜਾ ਮਨੁੱਖ ਗੁਰੂ ਦੀ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੇ ਨਾਮ ਦੇ ਪ੍ਰੇਮ ਵਿਚ ਮਗਨ ਹੁੰਦਾ ਹੈ ਉਹ ਆਪਣੇ ਮਨ ਵਿਚ ਚਿਤਵਿਆ ਫਲ ਪਾ ਲੈਂਦਾ ਹੈ।
20749	459	ਹਰਿ ਦੇਖਿ ਦਰਸਨੁ ਇਛ ਪੁੰਨੀ ਕੁਲ ਸੰਬੂਹਾ ਸਭਿ ਤਰੇ॥		Har Dhaekh Dharasan Eishh Punnee Kul Sanboohaa Sabh Tharae ||	Beholding the Blessed Vision of the Lord's Darshan, desires are fulfilled; all one's family and relatives are saved.	ਪਰਮਾਤਮਾ ਦਾ ਦਰਸ਼ਨ ਕਰਕੇ ਮਨੁੱਖ ਦੀ ਹਰੇਕ ਇੱਛਾ ਪੂਰੀ ਹੋ ਜਾਂਦੀ ਹੈ, ਉਸ ਦੀਆਂ ਸਾਰੀਆਂ ਕੁਲਾਂ ਭੀ ਤਰ ਜਾਂਦੀਆਂ ਹਨ।
20750	459	ਦਿਨਸੁ ਰੈਣਿ ਅਨੰਦ ਅਨਦਿਨੁ ਸਿਮਰੰਤ ਨਾਨਕ ਹਰਿ ਹਰੇ॥੪॥੬॥੯॥		Dhinas Rain Anandh Anadhin Simaranth Naanak Har Harae ||4||6||9||	Day and night, he is in bliss, night and day, remembering the Lord in meditation, O Nanak. ||4||6||9||	ਹੇ ਨਾਨਕ! ਜੇਹੜੇ ਮਨੁੱਖ ਸਦਾ ਹਰਿ-ਨਾਮ ਵਿਚ ਸਿਮਰਦੇ ਰਹਿੰਦੇ ਹਨ, ਉਹਨਾਂ ਦੀ ਹਰੇਕ ਰਾਤ ਉਹਨਾਂ ਦਾ ਹਰੇਕ ਦਿਨ ਹਰ ਵੇਲੇ ਆਨੰਦ ਵਿਚ ਲੰਘਦਾ ਹੈ ॥੪॥੬॥੯॥
20751	459	ਆਸਾ ਮਹਲਾ ੫ ਛੰਤ ਘਰੁ ੭		Aasaa Mehalaa 5 Shhanth Ghar 7	Aasaa, Fifth Mehl, Chhant, Seventh House:	ਰਾਗ ਆਸਾ, ਘਰ ੭ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ'।

20752	459	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
20753	459	ਸਲੋਕੁ॥		Salok ||	Shalok:	ਸਲੋਕ।
20754	459	ਸੁਭ ਚਿੰਤਨ ਗੋਬਿੰਦ ਰਮਣ ਨਿਰਮਲ ਸਾਧੂਸੰਗ॥	(ਚਿੰਤਨ) ਧਿਆਨ। (ਰਮਣ) ਸਿਮਰਨ	Subh Chinthan Gobindh Raman Niramal Saadhhoo Sang ||	It is the most sublime contemplation, to speak of the Lord of the Universe in the pure Saadh Sangat, the Company of the Holy.	ਹੇ ਭਗਵਾਨ! ਮੈਂ ਸਦਾ ਭਲੀਆਂ ਸੋਚਾਂ ਸੋਚਦਾ ਰਹਾਂ, ਮੈਂ ਗੋਬਿੰਦ ਦਾ ਨਾਮ ਜਪਦਾ ਰਹਾਂ, ਮੈਂ ਗੁਰੂ ਦੀ ਪਵਿਤ੍ਰ ਸੰਗਤਿ ਕਰਦਾ ਰਹਾਂ।
20755	459	ਨਾਨਕ ਨਾਮੁ ਨ ਵਿਸਰਉ ਇਕ ਘੜੀ ਕਰਿ ਕਿਰਪਾ ਭਗਵੰਤ॥੧॥		Naanak Naam N Visaro Eik Gharree Kar Kirapaa Bhagavanth ||1||	O Nanak, never the Naam, even for a moment; bless me with Your Grace, Lord God! ||1||	ਹੇ ਨਾਨਕ! (ਆਖ-) ਹੇ ਭਗਵਾਨ! (ਮੇਰੇ ਉਤੇ) ਮੇਹਰ ਕਰ, ਮੈਂ ਇਕ ਘੜੀ ਵਾਸਤੇ ਭੀ ਤੇਰਾ ਨਾਮ ਨਾਹ ਭੁੱਲਾਂ ॥੧॥
20756	459	ਛੰਤ॥		Shhanth ||	Chhant:	
20757	459	ਭਿੰਨੀ ਰੈਨੜੀਐ ਚਾਮਕਨਿ ਤਾਰੇ॥	ਚਾ-ਮੱਕਨਿ	Bhinnee Rainarreeai Chaamakan Thaarae ||	The night is wet with dew, and the stars twinkle in the heavens.	ਤ੍ਰੇਲ ਭਿੱਜੀ ਰਾਤ ਵਿਚ (ਆਕਾਸ਼ ਵਿਚ) ਤਾਰੇ ਡਲ੍ਹਕਦੇ ਹਨ (ਤਿਵੇਂ, ਪਰਮਾਤਮਾ ਦੇ ਪ੍ਰੇਮ ਵਿਚ ਭਿੱਜੇ ਹੋਏ ਹਿਰਦੇ ਵਾਲੇ ਮਨੁੱਖਾਂ ਦੇ ਚਿੱਤ-ਆਕਾਸ਼ ਵਿਚ ਸੋਹਣੇ ਆਤਮਕ ਗੁਣ ਲਿਸ਼ਕਾਂ ਮਾਰਦੇ ਹਨ)।

20758	459	ਜਾਗਹਿ ਸੰਤ ਜਨਾ ਮੇਰੇ ਰਾਮ ਪਿਆਰੇ॥		Jaagehi Santh Janaa Maerae Raam Piaarae ||	The Saints remain wakeful; they are the Beloveds of my Lord.	ਮੇਰੇ ਰਾਮ ਦੇ ਪਿਆਰੇ ਸੰਤ ਜਨ (ਸਿਮਰਨ ਦੀ ਬਰਕਤਿ ਨਾਲ ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੇ ਹਨ।
20759	459	ਰਾਮ ਪਿਆਰੇ ਸਦਾ ਜਾਗਹਿ ਨਾਮੁ ਸਿਮਰਹਿ ਅਨ ਦਿਨੋ॥		Raam Piaarae Sadhaa Jaagehi Naam Simarehi Anadhino ||	The Beloveds of the Lord remain ever wakeful, remembering the Naam, the Name of the Lord, day and night.	ਪਰਮਾਤਮਾ ਦੇ ਪਿਆਰੇ ਸੰਤ ਜਨ ਸਦਾ ਹੀ ਸੁਚੇਤ ਰਹਿੰਦੇ ਹਨ, ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਦੇ ਹਨ।
20760	459	ਚਰਣਕਮਲ ਧਿਆਨੁ ਹਿਰਦੈ ਪ੍ਰਭ ਬਿਸਰੁ ਨਾਹੀ ਇਕੁ ਖਿਨੋ॥		Charan Kamal Dhhiaan Hiradhai Prabh Bisar Naahee Eik Khino ||	In their hearts, they meditate on the lotus feet of God; they do not forget Him, even for an instant.	ਸੰਤ ਜਨ ਆਪਣੇ ਹਿਰਦੇ ਵਿਚ ਪਰਮਾਤਮਾ ਦੇ ਸੋਹਣੇ ਕੋਮਲ ਚਰਨਾਂ ਦਾ ਧਿਆਨ ਧਰਦੇ ਹਨ (ਤੇ, ਉਸ ਦੇ ਦਰ ਤੇ ਅਰਦਾਸ ਕਰਦੇ ਹਨ-) ਹੇ ਪ੍ਰਭੂ ਰਤਾ ਜਿਤਨੇ ਸਮੇ ਲਈ ਭੀ ਸਾਡੇ ਦਿਲ ਤੋਂ ਦੂਰ ਨਾਹ ਹੋ।
20761	459	ਤਜਿ ਮਾਨੁ ਮੋਹੁ ਬਿਕਾਰੁ ਮਨ ਕਾ ਕਲਮਲਾ ਦੁਖ ਜਾਰੇ॥	(ਕਲਮਲਾ) ਪਾਪ	Thaj Maan Mohu Bikaar Man Kaa Kalamalaa Dhukh Jaarae ||	They renounce their pride, emotional attachment and mental corruption, and burn away the pain of wickedness.	ਸੰਤ ਜਨ ਆਪਣੇ ਮਨ ਦਾ ਮਾਣ ਛੱਡ ਕੇ, ਮੋਹ ਤੇ ਵਿਕਾਰ ਦੂਰ ਕਰਕੇ ਆਪਣੇ ਸਾਰੇ ਦੁੱਖ ਪਾਪ ਸਾੜ ਲੈਂਦੇ ਹਨ।

20762	459	ਬਿਨਵੰਤਿ ਨਾਨਕ ਸਦਾ ਜਾਗਹਿ ਹਰਿ ਦਾਸ ਸੰਤ ਪਿਆਰੇ॥੧॥	ਬਿਨ-ਵੰਤਿ	Binavanth Naanak Sadhaa Jaagehi Har Dhaas Santh Piaarae ||1||	Prays Nanak, the Saints, the beloved servants of the Lord, remain ever wakeful. ||1||	ਨਾਨਕ ਬੇਨਤੀ ਕਰਦਾ ਹੈ: ਪਰਮਾਤਮਾ ਦੇ ਪਿਆਰੇ ਸੰਤ ਪਰਮਾਤਮਾ ਦੇ ਦਾਸ ਸਦਾ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੇ ਹਨ ॥੧॥
20763	459	ਮੇਰੀ ਸੇਜੜੀਐ ਆਡੰਬਰੁ ਬਣਿਆ॥	(ਸੇਜੜੀਐ) ਸੇਜ ਤੇ (ਆਡੰਬਰੁ) ਸਜਾਵਟ	Maeree Saejarreeai Aaddanbar Baniaa ||	My bed is adorned in splendor.	ਹੇ ਸਖੀ! ਮੇਰੇ ਹਿਰਦੇ ਦੀ ਸੋਹਣੀ ਸੇਜ ਉੱਤੇ ਸਜਾਵਟ ਬਣ ਗਈ,
20764	459	ਮਨਿ ਅਨਦੁ ਭਇਆ ਪ੍ਰਭੁ ਆਵਤ ਸੁਣਿਆ॥		Man Anadh Bhaeiaa Prabh Aavath Suniaa ||	My mind is filled with bliss, since I heard that God is coming.	ਜਦੋਂ ਮੈਂ ਪ੍ਰਭੂ ਨੂੰ (ਆਪਣੇ ਵਲ) ਆਉਂਦਾ ਸੁਣਿਆ, ਤਾਂ ਮੇਰੇ ਮਨ ਵਿਚ ਆਨੰਦ ਪੈਦਾ ਹੋ ਗਿਆ।
20765	459	ਪ੍ਰਭ ਮਿਲੇ ਸੁਆਮੀ ਸੁਖਹਗਾਮੀ ਚਾਵ ਮੰਗਲ ਰਸ ਭਰੇ॥	(ਸੁਖਹ-ਗਾਮੀ) ਸੁਖਦਾਇਕ। (ਮੰਗਲ) ਅਨੰਦ	Prabh Milae Suaamee Sukheh Gaamee Chaav Mangal Ras Bharae ||	Meeting God, the Lord and Master, I have entered the realm of peace; I am filled with joy and delight.	ਹੇ ਸਖੀ! ਜਿਨ੍ਹਾਂ ਵਡ-ਭਾਗੀਆਂ ਨੂੰ ਸੁਖ ਦੇਣ ਵਾਲੇ ਮਾਲਕ-ਪ੍ਰਭੂ ਜੀ ਮਿਲ ਪੈਂਦੇ ਹਨ, ਉਹਨਾਂ ਦੇ ਹਿਰਦੇ ਚਾਵਾਂ ਨਾਲ ਖ਼ੁਸ਼ੀਆਂ ਨਾਲ ਆਨੰਦ ਨਾਲ ਭਰ ਜਾਂਦੇ ਹਨ।
20766	459	ਅੰਗ ਸੰਗਿ ਲਾਗੇ ਦੂਖ ਭਾਗੇ ਪ੍ਰਾਣ ਮਨ ਤਨ ਸਭਿ ਹਰੇ॥	(ਅੰਗ) ਚਰਨ। (ਹਰੇ) ਪ੍ਰਫੁੱਲਤ	Ang Sang Laagae Dhookh Bhaagae Praan Man Than Sabh Harae ||	He is joined to me, in my very fiber; my sorrows have departed, and my body, mind and soul are all rejuvenated.	ਉਹ ਪ੍ਰਭੂ ਦੇ ਅੰਗ (ਚਰਨਾਂ) ਨਾਲ ਜੁੜੇ ਰਹਿੰਦੇ ਹਨ, ਉਹਨਾਂ ਦੇ ਦੁੱਖ ਦੂਰ ਜੋ ਜਾਂਦੇ ਹਨ, ਉਹਨਾਂ ਦੀ ਜਿੰਦ ਉਹਨਾਂ ਦਾ ਮਨ ਉਹਨਾਂ ਦਾ ਸਰੀਰ-ਸਾਰੇ ਹੀ (ਆਤਮਕ ਜੀਵਨ ਨਾਲ) ਹਰੇ ਹੋ ਜਾਂਦੇ ਹਨ।

20767	459	ਮਨ ਇਛ ਪਾਈ ਪ੍ਰਭ ਧਿਆਈ ਸੰਜੋਗੁ ਸਾਹਾ ਸੁਭ ਗਣਿਆ॥	(ਸੰਜੋਗੁ) ਮਿਲਾਪ। (ਸਾਹਾ) ਸ਼ੁਭ ਦਿਨ	Man Eishh Paaee Prabh Dhhiaaee Sanjog Saahaa Subh Ganiaa ||	I have obtained the fruits of my mind's desires, meditating on God; the day of my wedding is auspicious.	(ਗੁਰੂ ਦੀ ਸਰਨ ਪੈ ਕੇ) ਜੇਹੜੇ ਮਨੁੱਖ ਪ੍ਰਭੂ ਦਾ ਧਿਆਨ ਧਰਦੇ ਹਨ, ਉਹਨਾਂ ਦੇ ਮਨ ਦੀ ਹਰੇਕ ਇੱਛਾ ਪੂਰੀ ਹੋ ਜਾਂਦੀ ਹੈ (ਗੁਰੂ ਪਰਮਾਤਮਾ ਨਾਲ ਉਹਨਾਂ ਦਾ ਮਿਲਾਪ ਕਰਾਣ ਲਈ) ਭਲਾ ਸੰਜੋਗ ਬਣਾ ਦੇਂਦਾ ਹੈ, ਚੰਗਾ ਮੁਹੂਰਤ ਕੱਢ ਦੇਂਦਾ ਹੈ।
20768	459	ਬਿਨਵੰਤਿ ਨਾਨਕ ਮਿਲੇ ਸ੍ਰੀਧਰ ਸਗਲ ਆਨੰਦ ਰਸੁ ਬਣਿਆ॥੨॥		Binavanth Naanak Milae Sreedhhar Sagal Aanandh Ras Baniaa ||2||	Prays Nanak, when I meet the Lord of excellence, I came to experience all pleasure and bliss. ||2||	ਨਾਨਕ ਬੇਨਤੀ ਕਰਦਾ ਹੈ- ਜਿਨ੍ਹਾਂ ਵਡ-ਭਾਗੀਆਂ ਨੂੰ ਪ੍ਰਭੂ ਜੀ ਮਿਲ ਪੈਂਦੇ ਹਨ, ਉਹਨਾਂ ਦੇ ਹਿਰਦੇ ਵਿਚ ਸਾਰੇ ਆਨੰਦ ਬਣ ਜਾਂਦੇ ਹਨ, ਹੁਲਾਰਾ ਬਣਿਆ ਰਹਿੰਦਾ ਹੈ ॥੨॥
20769	459	ਮਿਲਿ ਸਖੀਆ ਪੁਛਹਿ ਕਹੁ ਕੰਤ ਨੀਸਾਣੀ॥		Mil Sakheeaa Pushhehi Kahu Kanth Neesaanee ||	I meet with my companions and say, ""Show me the insignia of my Husband Lord.""	ਸਹੇਲੀਆਂ ਮਿਲ ਕੇ (ਮੈਨੂੰ) ਪੁੱਛਦੀਆਂ ਹਨ ਕਿ ਖਸਮ-ਪ੍ਰਭੂ ਦੀ ਕੋਈ ਨਿਸ਼ਾਨੀ ਦੱਸ।
20770	459	ਰਸਿ ਪ੍ਰੇਮ ਭਰੀ ਕਛੁ ਬੋਲਿ ਨ ਜਾਣੀ॥	ਕਛੁ: ਪੋਲਾ ਬੋਲੋ	Ras Praem Bharee Kashh Bol N Jaanee ||	I am filled with the sublime essence of His Love, and I do not know how to say anything.	ਮੈਂ ਉਸ ਦੇ ਮਿਲਾਪ ਦੇ ਆਨੰਦ ਵਿਚ ਮਗਨ ਤਾਂ ਹਾਂ, ਉਸ ਦੇ ਪ੍ਰੇਮ ਨਾਲ ਮੇਰਾ ਹਿਰਦਾ ਭਰਿਆ ਹੋਇਆ ਭੀ ਹੈ, ਪਰ ਮੈਂ ਉਸ ਦੀ ਕੋਈ ਨਿਸ਼ਾਨੀ ਦੱਸਣਾ ਨਹੀਂ ਜਾਣਦੀ।

20771	459	ਗੁਣ ਗੂੜ ਗੁਪਤ ਅਪਾਰ ਕਰਤੇ ਨਿਗਮ ਅੰਤੁ ਨ ਪਾਵਹੇ॥	(ਨਿਗਮ)ਬੇਦ। ਗੂੜ੍। ਪਾਵ-ਹੇ	Gun Goorr Gupath Apaar Karathae Nigam Anth N Paavehae ||	The Glorious Virtues of the Creator are profound, mysterious and infinite; even the Vedas cannot find His limits.	(ਮੇਰੇ ਉਸ) ਕਰਤਾਰ ਦੇ ਗੁਣ ਡੂੰਘੇ ਹਨ ਗੁੱਝੇ ਹਨ ਬੇਅੰਤ ਹਨ, ਵੇਦ ਭੀ ਉਸ ਦੇ ਗੁਣਾਂ ਦਾ ਅੰਤ ਨਹੀਂ ਪਾ ਸਕਦੇ।
20772	459	ਭਗਤਿ ਭਾਇ ਧਿਆਇ ਸੁਆਮੀ ਸਦਾ ਹਰਿ ਗੁਣ ਗਾਵਹੇ॥	ਗਾਵ-ਹੇ	Bhagath Bhaae Dhhiaae Suaamee Sadhaa Har Gun Gaavehae ||	With loving devotion, I meditate on the Lord Master, and sing the Glorious Praises of the Lord forever.	(ਉਸ ਦੇ ਸੇਵਕ) ਉਸ ਦੀ ਭਗਤੀ ਦੇ ਰੰਗ ਵਿਚ ਉਸਦੇ ਪ੍ਰੇਮ ਵਿਚ ਜੁੜ ਕੇ ਉਸ ਦਾ ਧਿਆਨ ਧਰ ਕੇ ਸਦਾ ਉਸ ਮਾਲਕ ਦੇ ਗੁਣ ਗਾਂਦੇ ਰਹਿੰਦੇ ਹਨ।
20773	459	ਸਗਲ ਗੁਣ ਸੁਗਿਆਨ ਪੂਰਨ ਆਪਣੇ ਪ੍ਰਭ ਭਾਣੀ॥		Sagal Gun Sugiaan Pooran Aapanae Prabh Bhaanee ||	Filled with all virtues and spiritual wisdom, I have become pleasing to my God.	ਉਹ ਜੀਵ-ਇਸਤ੍ਰੀ ਆਪਣੇ ਉਸ ਪ੍ਰਭੂ ਨੂੰ ਪਿਆਰੀ ਲੱਗਣ ਲੱਗ ਪੈਂਦੀ ਹੈ ਜੋ ਸਾਰੇ ਗੁਣਾਂ ਦਾ ਮਾਲਕ ਹੈ ਜੋ ਸ੍ਰੇਸ਼ਟ ਗਿਆਨ ਵਾਲਾ ਹੈ ਜੋ ਸਭ ਵਿਚ ਵਿਆਪਕ ਹੈ,
20774	459	ਬਿਨਵੰਤਿ ਨਾਨਕ ਰੰਗਿ ਰਾਤੀ ਪ੍ਰੇਮ ਸਹਜਿ ਸਮਾਣੀ॥੩॥	ਰਾੱਤੀ	Binavanth Naanak Rang Raathee Praem Sehaj Samaanee ||3||	Prays Nanak, imbued with the color of the Lord's Love, I am imperceptibly absorbed into Him. ||3||	ਨਾਨਕ ਬੇਨਤੀ ਕਰਦਾ ਹੈ- ਜੇਹੜੀ ਜੀਵ-ਇਸਤ੍ਰੀ ਉਸ ਖਸਮ-ਪ੍ਰਭੂ ਦੇ ਪ੍ਰੇਮ ਦੇ ਰੰਗ ਵਿਚ ਰੰਗੀ ਜਾਂਦੀ ਹੈ ਉਹ ਆਤਮਕ ਅਡੋਲਤਾ ਵਿਚ ਲੀਨ ਰਹਿੰਦੀ ਹੈ ॥੩॥

20775	459	ਸੁਖ ਸੋਹਿਲੜੇ ਹਰਿ ਗਾਵਣ ਲਾਗੇ॥	(ਸੋਹਿਲੜੇ) ਅਨੰਦ ਦੇ ਗੀਤ	Sukh Sohilarrae Har Gaavan Laagae ||	When I began to sing the songs of rejoicing to the Lord,	ਪਰਮਾਤਮਾ ਦੇ ਭਗਤ (ਹਰਿ-ਜਨ) ਜਦੋਂ ਪਰਮਾਤਮਾ ਦੇ ਸੁਖਦਾਈ ਸਿਫ਼ਤਿ-ਸਾਲਾਹ ਦੇ ਸੋਹਣੇ ਗੀਤ ਗਾਣ ਲੱਗ ਪੈਂਦੇ ਹਨ,
20776	459	ਸਾਜਨ ਸਰਸਿਅੜੇ ਦੁਖ ਦੁਸਮਨ ਭਾਗੇ॥	(ਸਰ-ਸਿਅੜੇ) ਪ੍ਰਫੁੱਲਤ	Saajan Sarasiarrae Dhukh Dhusaman Bhaagae ||	My friends became glad, and my troubles and enemies departed.	ਤਾਂ (ਉਹਨਾਂ ਦੇ ਅੰਦਰ ਸ਼ੁਭ ਗੁਣ) ਮਿੱਤਰ ਵਧਦੇ ਫੁੱਲਦੇ ਹਨ, ਉਹਨਾਂ ਦੇ ਦੁੱਖ (ਤੇ ਕਾਮਾਦਿਕ) ਵੈਰੀ ਨੱਸ ਜਾਂਦੇ ਹਨ।
20777	459	ਸੁਖ ਸਹਜ ਸਰਸੇ ਹਰਿ ਨਾਮਿ ਰਹਸੇ ਪ੍ਰਭਿ ਆਪਿ ਕਿਰਪਾ ਧਾਰੀਆ॥	(ਸਰਸੇ) ਸਹਿਤ ਰਸ, ਅਨੰਦਿਤ। (ਰਹਸੇ) ਖੁਸ਼ ਹੋਏ। ਰਹਸੇ:ਪੋਲਾ ਬੋਲੋ	Sukh Sehaj Sarasae Har Naam Rehasae Prabh Aap Kirapaa Dhhaareeaa ||	My peace and happiness increased; I rejoiced in the Naam, the Name of the Lord, and God Himself blessed me with His mercy.	ਆਤਮਕ ਅਡੋਲਤਾ ਦੇ ਸੁਖ ਉਹਨਾਂ ਦੇ ਅੰਤਰ ਮੌਲਦੇ ਹਨ, ਪਰਮਾਤਮਾ ਦੇ ਨਾਮ ਦੀ ਬਰਕਤਿ ਨਾਲ ਉਹ ਪ੍ਰਸੰਨ-ਚਿੱਤ ਰਹਿੰਦੇ ਹਨ, ਪਰ ਇਹ ਸਾਰੀ ਮੇਹਰ ਪ੍ਰਭੂ ਨੇ ਆਪ ਹੀ ਕੀਤੀ ਹੁੰਦੀ ਹੈ।
20778	459	ਹਰਿ ਚਰਣ ਲਾਗੇ ਸਦਾ ਜਾਗੇ ਮਿਲੇ ਪ੍ਰਭ ਬਨਵਾਰੀਆ॥		Har Charan Laagae Sadhaa Jaagae Milae Prabh Banavaareeaa ||	I have grasped the Lord's feet, and remaining ever wakeful, I have met the Lord, the Creator.	(ਆਪਣੇ ਸੇਵਕਾਂ ਤੇ ਪ੍ਰਭੂ ਮੇਹਰ ਕਰਦਾ ਹੈ) ਉਹ ਸੇਵਕ ਪਰਮਾਤਮਾ ਦੇ ਚਰਨਾਂ ਵਿਚ ਜੁੜੇ ਰਹਿੰਦੇ ਹਨ (ਵਿਕਾਰਾਂ ਦੇ ਹੱਲਿਆਂ ਵਲੋਂ) ਸਦਾ ਸੁਚੇਤ ਰਹਿੰਦੇ ਹਨ, ਤੇ ਜਗਤ ਦੇ ਮਾਲਕ ਪ੍ਰਭੂ ਨੂੰ ਮਿਲ ਪੈਂਦੇ ਹਨ।

20779	459	ਸੁਭ ਦਿਵਸ ਆਏ ਸਹਜਿ ਪਾਏ ਸਗਲ ਨਿਧਿ ਪ੍ਰਭ ਪਾਗੇ॥	(ਪਾਗੇ) ਚਰਨਾਂ ਚ	Subh Dhivas Aaeae Sehaj Paaeae Sagal Nidhh Prabh Paagae ||	The appointed day came, and I attained peace and poise; all treasures are in the feet of God.	ਸੰਤ ਜਨਾਂ ਵਾਸਤੇ (ਜੀਵਨ ਦੇ ਇਹ) ਭਲੇ ਦਿਨ ਆਏ ਹੁੰਦੇ ਹਨ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਸਾਰੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੇ ਚਰਨ ਪਰਸਦੇ ਰਹਿੰਦੇ ਹਨ।
20780	459	ਬਿਨਵੰਤਿ ਨਾਨਕ ਸਰਣਿ ਸੁਆਮੀ ਸਦਾ ਹਰਿ ਜਨ ਤਾਗੇ॥੪॥੧॥੧੦॥	(ਤਾਗੇ) ਗਿਆਨਵਾਨ, ਤੋੜ ਨਿਭੇ	Binavanth Naanak Saran Suaamee Sadhaa Har Jan Thaagae ||4||1||10||	Prays Nanak, the Lord's humble servants always seek the Sanctuary of the Lord and Master. ||4||1||10||	ਨਾਨਕ ਬੇਨਤੀ ਕਰਦਾ ਹੈ- ਪਰਮਾਤਮਾ ਦੇ ਸੇਵਕ ਮਾਲਕ-ਪ੍ਰਭੂ ਦੀ ਸਰਨ ਆ ਕੇ ਸਦਾ ਲਈ ਉਸ ਨਾਲ ਪ੍ਰੀਤਿ ਨਿਬਾਹੁੰਦੇ ਹਨ ॥੪॥੧॥੧੦॥
20781	459	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
20782	459	ਉਠਿ ਵੰਞੁ ਵਟਾਊੜਿਆ ਤੈ ਕਿਆ ਚਿਰੁ ਲਾਇਆ॥	(ਵੰਞੁ) ਚੱਲ। (ਵਟਾਊੜਿਆ) ਰਾਹੀ ਜੀਵ	Outh Vannj Vattaaoorriaa Thai Kiaa Chir Laaeiaa ||	Rise up and go forth, O traveller; why do you delay?	ਹੇ ਭੋਲੇ ਰਾਹੀ (ਜੀਵ)! ਉੱਠ, ਤੁਰ (ਤਿਆਰ ਹੋ)। ਤੂੰ ਕਿਉਂ ਚਿਰ ਲਾ ਰਿਹਾ ਹੈਂ?
20783	459	ਮੁਹਲਤਿ ਪੁੰਨੜੀਆ ਕਿਤੁ ਕੂੜਿ ਲੋਭਾਇਆ॥	(ਮੁਹਲਤਿ) ਮਿਲਿਆ ਸਮਾਂ। (ਪੁੰਨੜੀਆ) ਪੂਰਾ ਹੋਇਆ	Muhalath Punnarreeaa Kith Koorr Lobhaaeiaa ||	Your allotted time is now complete - why are you engrossed in falsehood?	ਤੈਨੂੰ ਮਿਲਿਆ ਹੋਇਆ ਉਮਰ ਦਾ ਸਮਾ ਪੂਰਾ ਹੋ ਰਿਹਾ ਹੈ। ਤੂੰ ਕਿਸ ਠੱਗੀ ਵਿਚ ਫਸਿਆ ਹੋਇਆ ਹੈਂ?

20784	459	ਕੂੜੇ ਲੁਭਾਇਆ ਧੋਹੁ ਮਾਇਆ ਕਰਹਿ ਪਾਪ ਅਮਿਤਿਆ॥	(ਧੋਹੁ) ਧੋਖਾ। (ਅ-ਮਿਤਿਆ) ਅਣਗਿਣਤ	Koorrae Lubhaaeiaa Dhhohu Maaeiaa Karehi Paap Amithiaa ||	You desire that which is false; deceived by Maya, you commit innumerable sins.	(ਧਿਆਨ ਕਰ, ਇਹ) ਮਾਇਆ (ਨਿਰਾ) ਧੋਖਾ ਹੈ (ਤੂੰ ਇਸ ਦੀ) ਠੱਗੀ ਵਿਚ ਫਸਿਆ ਹੋਇਆ ਹੈਂ, ਤੇ ਬੇਅੰਤ ਪਾਪ ਕਰੀ ਜਾ ਰਿਹਾ ਹੈਂ।
20785	459	ਤਨੁ ਭਸਮ ਢੇਰੀ ਜਮਹਿ ਹੇਰੀ ਕਾਲਿ ਬਪੁੜੈ ਜਿਤਿਆ॥	(ਭਸਮ) ਸੁਆਹ। (ਹੇਰੀ) ਤੱਕੀ। ਜਮਹਿ: ਪੋਲਾ। (ਬਪੁੜੈ) ਵਿਚਾਰੇ ਨੂੰ। ਜਿੱਤਿਆ	Than Bhasam Dtaeree Jamehi Haeree Kaal Bapurrai Jithiaa ||	Your body shall become a pile of dust; the Messenger of Death has spotted you, and will conquer you.	ਇਹ ਸਰੀਰ (ਆਖ਼ਰ) ਮਿੱਟੀ ਦੀ ਢੇਰੀ (ਹੋ ਜਾਏਗਾ), ਜਮ ਨੇ ਇਸ ਨੂੰ ਆਪਣੀ ਤੱਕ ਵਿਚ ਰੱਖਿਆ ਹੋਇਆ ਹੈ।
20786	460	ਮਾਲੁ ਜੋਬਨੁ ਛੋਡਿ ਵੈਸੀ ਰਹਿਓ ਪੈਨਣੁ ਖਾਇਆ॥	(ਵੈਸੀ) ਜਾਵੇਗਾ	Maal Joban Shhodd Vaisee Rehiou Painan Khaaeiaa ||	Abandoning your wealth and youth, you will have to leave, without any food or clothing.	(ਪਰ ਜੀਵ ਵਿਚਾਰਾ ਭੀ ਕੀਹ ਕਰੇ? ਇਸ) ਵਿਚਾਰੇ ਨੂੰ ਆਤਮਕ ਮੌਤ ਨੇ ਆਪਣੇ ਕਾਬੂ ਵਿਚ ਕੀਤਾ ਹੋਇਆ ਹੈ (ਇਹ ਨਹੀਂ ਸਮਝਦਾ ਕਿ ਇਹ) ਧਨ ਜਵਾਨੀ ਸਭ ਕੁਝ ਛੱਡ ਕੇ ਤੁਰ ਜਾਏਗਾ, ਤਦੋਂ ਇਸ ਦਾ ਖਾਣਾ ਪਹਿਨਣਾ ਮੁੱਕ ਜਾਏਗਾ।
20787	460	ਨਾਨਕ ਕਮਾਣਾ ਸੰਗਿ ਜੁਲਿਆ ਨਹ ਜਾਇ ਕਿਰਤੁ ਮਿਟਾਇਆ॥੧॥	(ਕਮਾਣਾ) ਕਮਾਇਆ। (ਜੁਲਿਆ) ਚੱਲਿਆ।ਜੁਲਿਆ:ਪੋਲਾ ਬੋਲੋ (ਕਿਰਤੁ) ਕੀਤੇ ਕਰਮ	Naanak Kamaanaa Sang Juliaa Neh Jaae Kirath Mittaaeiaa ||1||	O Nanak, only your actions shall go with you; the consequences of your actions cannot be erased. ||1||	ਹੇ ਨਾਨਕ! (ਜਦੋਂ ਜੀਵ ਇਥੋਂ ਤੁਰਦਾ ਹੈ, ਤਾਂ) ਕਮਾਇਆ ਹੋਇਆ ਚੰਗਾ ਮੰਦਾ ਕਰਮ ਇਸ ਦੇ ਨਾਲ ਤੁਰ ਪੈਂਦਾ ਹੈ, ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ ਮਿਟਾਇਆ ਨਹੀਂ ਜਾ ਸਕਦਾ ॥੧॥

20788	460	ਫਾਥੋਹੁ ਮਿਰਗ ਜਿਵੈ ਪੇਖਿ ਰੈਣਿ ਚੰਦ੍ਰਾਇਣੁ॥	(ਫਾਥੋਹੁ) ਫਸ ਰਿਹਾ। (ਚੰਦ੍ਰਾਇਣੁ) ਚੰਦ ਵਰਗੀ ਰੌਸ਼ਨੀ	Faathhohu Mirag Jivai Paekh Rain Chandhraaein ||	Like the deer, captured on a moon-lit night,	ਹੇ ਜੀਵ! ਜਿਵੇਂ ਹਰਨ ਰਾਤ ਵੇਲੇ (ਸ਼ਿਕਾਰ ਦਾ ਕੀਤਾ ਹੋਇਆ) ਚੰਦ ਵਰਗਾ ਚਾਨਣ ਵੇਖ ਕੇ (ਸ਼ਿਕਾਰੀ ਦੇ ਜਾਲ ਵਿਚ) ਫਸਦਾ ਹੈ,
20789	460	ਸੂਖਹੁ ਦੂਖ ਭਏ ਨਿਤ ਪਾਪ ਕਮਾਇਣੁ॥		Sookhahu Dhookh Bheae Nith Paap Kamaaein ||	So does the constant commission of sins turn pleasure into pain.	(ਤਿਵੇਂ ਤੂੰ ਮਾਇਕ ਪਦਾਰਥਾਂ ਦੀ ਲਿਸ਼ਕ ਵੇਖ ਕੇ ਮਾਇਆ ਦੇ ਜਾਲ ਵਿਚ) ਫਸ ਰਿਹਾ ਹੈਂ, (ਜਿਨ੍ਹਾਂ ਸੁਖਾਂ ਦੀ ਖ਼ਾਤਰ ਤੂੰ ਫਸਦਾ ਹੈਂ ਉਹਨਾਂ) ਸੁਖਾਂ ਤੋਂ ਦੁੱਖ ਪੈਦਾ ਹੋ ਰਹੇ ਹਨ, (ਫਿਰ ਭੀ) ਤੂੰ ਸਦਾ ਪਾਪ ਕਮਾ ਰਿਹਾ ਹੈਂ।
20790	460	ਪਾਪਾ ਕਮਾਣੇ ਛਡਹਿ ਨਾਹੀ ਲੈ ਚਲੇ ਘਤਿ ਗਲਾਵਿਆ॥	(ਗਲਾਵਿਆ) ਗਲ਼ੇ ਚ ਰੱਸੀ (ਘੱਤਿ) ਪਾ ਕੇ। ਪਾਪਾਂ, ਚੱਲੇ	Paapaa Kamaanae Shhaddehi Naahee Lai Chalae Ghath Galaaviaa ||	The sins you have committed shall not leave you; placing the noose around your neck, they shall lead you away.	ਹੇ ਜੀਵ! ਤੂੰ ਪਾਪ ਕਰਨੇ ਛੱਡਦਾ ਨਹੀਂ ਹੈਂ (ਤੈਨੂੰ ਇਹ ਭੀ ਚੇਤਾ ਨਹੀਂ ਰਿਹਾ ਕਿ ਜਮਦੂਤ ਤੇਰੇ ਗਲ ਵਿਚ) ਗਲਾਵਾਂ ਪਾ ਕੇ (ਛੇਤੀ ਹੀ) ਲੈ ਜਾਣ ਵਾਲੇ ਹਨ।
20791	460	ਹਰਿਚੰਦਉਰੀ ਦੇਖਿ ਮੂਠਾ ਕੂੜੁ ਸੇਜਾ ਰਾਵਿਆ॥	ਸੰਸਾਰਕ ਪਦਾਰਥ ਰੂਪ (ਹਰਿਚੰਦਉਰੀ)ਗੰਧਰਬਾ ਨੱਗਰੀ, ਰੌੜ ਚ ਵਾ ਅਸਮਾਨ ਚ ਨੱਗਰ ਪ੍ਰਤੀਤ ਹੋਣਾ। (ਮੂਠਾ) ਠੱਗਿਆ ਗਿਆ	Harichandhouree Dhaekh Moothaa Koorr Saejaa Raaviaa ||	Beholding an illusion, you are deceived, and on your bed, you enjoy a false lover.	ਤੂੰ ਅਕਾਸ਼ ਦੀ ਖ਼ਿਆਲੀ ਨਗਰੀ (ਵਰਗੀ ਮਾਇਆ) ਨੂੰ ਵੇਖ ਕੇ ਠੱਗਿਆ ਜਾ ਰਿਹਾ ਹੈਂ, ਤੂੰ ਇਸ ਠੱਗੀ-ਰੂਪ ਸੇਜ ਨੂੰ (ਆਨੰਦ ਨਾਲ) ਮਾਣ ਰਿਹਾ ਹੈਂ।

20792	460	ਲਬਿ ਲੋਭਿ ਅਹੰਕਾਰਿ ਮਾਤਾ ਗਰਬਿ ਭਇਆ ਸਮਾਇਣੁ॥	ਲੱਬਿ।ਅਹੰ-ਕਾਰਿ।ਮੱਾਤਾ।(ਸਮਾਇਣੁ) ਲੀਨ।	Lab Lobh Ahankaar Maathaa Garab Bhaeiaa Samaaein ||	You are intoxicated with greed, avarice and egotism; you are engrossed in self-conceit.	ਹੇ ਜੀਵ! ਤੂੰ ਜੀਭ ਦੇ ਚਸਕੇ ਵਿਚ, ਮਾਇਆ ਦੇ ਲੋਭ ਵਿਚ, ਅਹੰਕਾਰ ਵਿਚ ਮਸਤ ਹੈਂ, ਤੂੰ ਸਦਾ ਹਉਮੈ ਵਿਚ ਲੀਨ ਟਿਕਿਆ ਰਹਿੰਦਾ ਹੈਂ।
20793	460	ਨਾਨਕ ਮ੍ਰਿਗ ਅਗਿਆਨਿ ਬਿਨਸੇ ਨਹ ਮਿਟੈ ਆਵਣੁ ਜਾਇਣੁ॥੨॥	(ਬਿਨਸੇ) ਨਾਸ ਹੁੰਦਾ। ਜਾਇ-ਣੁ	Naanak Mrig Agiaan Binasae Neh Mittai Aavan Jaaein ||2||	O Nanak, like the deer, you are being destroyed by your ignorance; your comings and goings shall never end. ||2||	ਹੇ ਨਾਨਕ! (ਆਖ-) ਇਹ ਜੀਵ-ਹਰਨ ਆਤਮਕ ਜੀਵਨ ਵਲੋਂ ਬੇ-ਸਮਝੀ ਦੇ ਕਾਰਨ ਆਤਮਕ ਮੌਤੇ ਮਰ ਰਹੇ ਹਨ ਇਹਨਾਂ ਦਾ ਜਨਮ ਮਰਨ ਦਾ ਗੇੜ ਨਹੀਂ ਮੁੱਕ ਸਕਦਾ ॥੨॥
20794	460	ਮਿਠੈ ਮਖੁ ਮੁਆ ਕਿਉ ਲਏ ਉਡਾਰੀ॥	ਮਿੱਠੈ ਮੱਖੁ	Mithai Makh Muaa Kio Leae Ouddaaree ||	The fly is caught in the sweet candy - how can it fly away?	(ਜਿਵੇਂ, ਗੁੜ ਆਦਿਕ) ਮਿੱਠੇ ਉੱਤੇ (ਬੈਠ ਕੇ) ਮੱਖੀ (ਗੁੜ ਨਾਲ ਚੰਬੜਦੀ ਜਾਂਦੀ ਹੈ) ਉੱਡ ਨਹੀਂ ਸਕਦੀ, (ਤੇ ਉੱਥੇ ਹੀ) ਮਰ ਜਾਂਦੀ ਹੈ, (ਤਿਵੇਂ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮਾਇਕ ਪਦਾਰਥਾਂ ਦੇ ਮੋਹ ਵਿਚ ਫਸ ਜਾਂਦਾ ਹੈ, ਆਤਮਕ ਮੌਤ ਸਹੇੜ ਲੈਂਦਾ ਹੈ, ਤੇ ਜੀਵਨ ਉੱਚਾ ਨਹੀਂ ਕਰ ਸਕਦਾ)।

20795	460	ਹਸਤੀ ਗਰਤਿ ਪਇਆ ਕਿਉ ਤਰੀਐ ਤਾਰੀ॥	(ਗਰਤਿ) ਟੋਏ ਚ। ਜੀਵ ਸੰਸਾਰ ਸਮੁੰਦਰ ਤੋਂ ਤਾਰੀ ਕਿਵੇਂ (ਤਰੀਐ) ਤਰੇਗਾ	Hasathee Garath Paeiaa Kio Thareeai Thaaree ||	The elephant has fallen into the pit - how can it escape?	(ਕਾਮ-ਵੱਸ ਹੋਇਆ) ਹਾਥੀ (ਉਸ) ਟੋਏ ਵਿਚ ਡਿੱਗ ਪੈਂਦਾ ਹੈ (ਜੋ ਹਾਥੀ ਨੂੰ ਫੜਨ ਵਾਸਤੇ ਪੁੱਟਿਆ ਜਾਂਦਾ ਹੈ ਤੇ ਉਸ ਵਿਚ ਕਾਗਜ਼ ਦੀ ਹਥਣੀ ਖੜੀ ਕੀਤੀ ਹੁੰਦੀ ਹੈ) ਇਸੇ ਤਰ੍ਹਾਂ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਵਿਕਾਰਾਂ ਦੇ ਟੋਏ ਵਿਚ ਡਿੱਗ ਪੈਂਦਾ ਹੈ। (ਵਿਕਾਰਾਂ ਵਿਚ ਡਿੱਗੇ ਰਹਿ ਕੇ) ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘ ਸਕੀਦਾ।
20796	460	ਤਰਣੁ ਦੁਹੇਲਾ ਭਇਆ ਖਿਨ ਮਹਿ ਖਸਮੁ ਚਿਤਿ ਨ ਆਇਓ॥	(ਦੁਹੇਲਾ) ਔਖਾ	Tharan Dhuhaelaa Bhaeiaa Khin Mehi Khasam Chith N Aaeiou ||	It shall be so difficult to swim across, for one who does not remember the Lord and Master, even for an instant.	(ਵਿਕਾਰਾਂ ਦੇ ਕਾਰਨ) ਸੰਸਾਰ-ਸਮੁੰਦਰ ਤੋਂ ਪਾਰ ਲੰਘਣਾ ਔਖਾ ਹੋ ਜਾਂਦਾ ਹੈ, ਕਦੇ ਮਾਲਕ-ਪ੍ਰਭੂ ਚਿੱਤ ਵਿਚ ਨਹੀਂ ਵੱਸ ਸਕਦਾ।
20797	460	ਦੂਖਾ ਸਜਾਈ ਗਣਤ ਨਾਹੀ ਕੀਆ ਅਪਣਾ ਪਾਇਓ॥	(ਸਜਾਈ) ਸਜ਼ਾ	Dhookhaa Sajaaee Ganath Naahee Keeaa Apanaa Paaeiou ||	His sufferings and punishments are beyond reckoning; he receives the consequences of his own actions.	ਇਤਨੇ ਦੁੱਖ ਵਾਪਰਦੇ ਹਨ, ਇਤਨੀ ਸਜ਼ਾ ਮਿਲਦੀ ਹੈ ਕਿ ਲੇਖਾ ਨਹੀਂ ਕੀਤਾ ਜਾ ਸਕਦਾ, ਮਨਮੁਖ ਆਪਣਾ ਕੀਤਾ ਭੁਗਤਦਾ ਹੈ।

20798	460	ਗੁਝਾ ਕਮਾਣਾ ਪ੍ਰਗਟੁ ਹੋਆ ਈਤ ਉਤਹਿ ਖੁਆਰੀ॥	ਗੁੱਝਾ। (ਈਤ) ਇਸ ਲੋਕ ਚ। (ਉਤਹਿ) ਪ੍ਰਲੋਕ ਚ।	Gujhaa Kamaanaa Pragatt Hoaa Eeth Outhehi Khuaaree ||	His secret deeds are exposed, and he is ruined here and hereafter.	ਜੇਹੜਾ ਜੇਹੜਾ ਪਾਪ ਕਰਮ ਲੁਕ ਕੇ ਕਰਦਾ ਹੈ ਉਹ ਆਖ਼ਰ ਉੱਘੜ ਪੈਂਦਾ ਹੈ, ਮਨਮੁਖ ਇਸ ਲੋਕ ਵਿਚ ਭੀ ਤੇ ਪਰਲੋਕ ਵਿਚ ਭੀ ਬੇ-ਇੱਜ਼ਤੀ ਕਰਾਂਦਾ ਹੈ।
20799	460	ਨਾਨਕ ਸਤਿਗੁਰ ਬਾਝੁ ਮੂਠਾ ਮਨਮੁਖੋ ਅਹੰਕਾਰੀ॥੩॥	(ਮੂਠਾ) ਠੱਗਿਆ	Naanak Sathigur Baajh Moothaa Manamukho Ahankaaree ||3||	O Nanak, without the True Guru, the self-willed egotistical manmukh is defrauded. ||3||	ਹੇ ਨਾਨਕ! (ਆਖ-) ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਅਹੰਕਾਰਿਆ ਹੋਇਆ ਮਨੁੱਖ ਗੁਰੂ ਦੀ ਸਰਨ ਪੈਣ ਤੋਂ ਬਿਨਾ (ਵਿਕਾਰਾਂ ਦੀ ਹੱਥੀਂ ਆਤਮਕ ਜੀਵਨ) ਲੁਟਾ ਬੈਠਦਾ ਹੈ ॥੩॥
20800	460	ਹਰਿ ਕੇ ਦਾਸ ਜੀਵੇ ਲਗਿ ਪ੍ਰਭ ਕੀ ਚਰਣੀ॥		Har Kae Dhaas Jeevae Lag Prabh Kee Charanee ||	The Lord's slaves live by holding on to God's feet.	ਪਰਮਾਤਮਾ ਦੇ ਦਾਸ ਪਰਮਾਤਮਾ ਦੀ ਚਰਨੀਂ ਪੈ ਕੇ ਉੱਚੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ,
20801	460	ਕੰਠਿ ਲਗਾਇ ਲੀਏ ਤਿਸੁ ਠਾਕੁਰ ਸਰਣੀ॥		Kanth Lagaae Leeeae This Thaakur Saranee ||	The Lord and Master embraces those who seek His Sanctuary.	ਉਸ ਮਾਲਕ-ਪ੍ਰਭੂ ਦੀ ਸਰਨ ਪੈਂਦੇ ਹਨ, ਤੇ ਉਹ ਪ੍ਰਭੂ ਉਹਨਾਂ ਨੂੰ ਆਪਣੇ ਗਲ ਨਾਲ ਲਾ ਲੈਂਦਾ ਹੈ।
20802	460	ਬਲ ਬੁਧਿ ਗਿਆਨੁ ਧਿਆਨੁ ਅਪਣਾ ਆਪਿ ਨਾਮੁ ਜਪਾਇਆ॥		Bal Budhh Giaan Dhhiaan Apanaa Aap Naam Japaaeiaa ||	He blesses them with power, wisdom, knowledge and meditation; He Himself inspires them to chant His Name.	ਪਰਮਾਤਮਾ ਉਹਨਾਂ ਨੂੰ ਆਪਣਾ ਆਤਮਕ ਬਲ ਦੇਂਦਾ ਹੈ, ਉੱਚੀ ਅਕਲ ਦੇਂਦਾ ਹੈ, ਆਪਣੇ ਨਾਲ ਡੂੰਘੀ ਸਾਂਝ ਬਖ਼ਸ਼ਦਾ ਹੈ, ਆਪਣੇ ਵਿਚ ਉਹਨਾਂ ਦੀ ਸੁਰਤਿ ਜੋੜੀ ਰੱਖਦਾ ਹੈ, ਤੇ, ਉਹਨਾਂ ਪਾਸੋਂ ਆਪਣਾ ਨਾਮ ਜਪਾਂਦਾ ਹੈ।

20803	460	ਸਾਧਸੰਗਤਿ ਆਪਿ ਹੋਆ ਆਪਿ ਜਗਤੁ ਤਰਾਇਆ॥	ਜੱਗ-ਤੁ	Saadhhasangath Aap Hoaa Aap Jagath Tharaaeiaa ||	He Himself is the Saadh Sangat, the Company of the Holy, and He Himself saves the world.	ਸਾਧ ਸੰਗਤਿ ਵਿਚ ਆਪ ਉਹਨਾਂ ਦੇ ਹਿਰਦੇ ਅੰਦਰ ਪਰਗਟ ਹੁੰਦਾ ਹੈ ਤੇ ਉਹਨਾਂ ਨੂੰ ਆਪ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘਾਂਦਾ ਹੈ।
20804	460	ਰਾਖਿ ਲੀਏ ਰਖਣਹਾਰੈ ਸਦਾ ਨਿਰਮਲ ਕਰਣੀ॥		Raakh Leeeae Rakhanehaarai Sadhaa Niramal Karanee ||	The Preserver preserves those whose actions are always pure.	ਰੱਖਣਹਾਰ ਪਰਮਾਤਮਾ ਆਪਣੇ ਸੰਤਾਂ ਨੂੰ (ਵਿਕਾਰਾਂ ਤੋਂ) ਆਪ ਬਚਾਂਦਾ ਹੈ, (ਤਾਈਏਂ ਸੰਤ ਜਨਾਂ ਦਾ) ਆਚਰਨ ਸਦਾ ਪਵਿਤ੍ਰ ਰਹਿੰਦਾ ਹੈ,
20805	460	ਨਾਨਕ ਨਰਕਿ ਨ ਜਾਹਿ ਕਬਹੂੰ ਹਰਿ ਸੰਤ ਹਰਿ ਕੀ ਸਰਣੀ॥੪॥੨॥੧੧॥		Naanak Narak N Jaahi Kabehoon Har Santh Har Kee Saranee ||4||2||11||	O Nanak, they never have to go to hell; the Lord's Saints are under the Lord's Protection. ||4||2||11||	ਹੇ ਨਾਨਕ! ਪਰਮਾਤਮਾ ਦੇ ਸੰਤ ਉਸ ਦੀ ਸਰਨ ਪਏ ਰਹਿਣ ਕਰਕੇ ਨਰਕ ਵਿਚ ਨਹੀਂ ਪੈਂਦੇ ॥੪॥੨॥੧੧॥
20806	460	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
20807	460	ਵੰਞੁ ਮੇਰੇ ਆਲਸਾ ਹਰਿ ਪਾਸਿ ਬੇਨੰਤੀ॥	(ਵੰਞੁ) ਚਲਾ ਜਾਹ। ਬੇ-ਨੰਤੀ	Vannj Maerae Aalasaa Har Paas Baenanthee ||	Be gone, O my laziness, that I may pray to the Lord.	ਹੇ ਮੇਰੇ ਆਲਸ! ਚਲਾ ਜਾ (ਮੇਰੀ ਖ਼ਲਾਸੀ ਕਰ, ਮੈਂ ਪ੍ਰਭੂ-ਪਤੀ ਦਾ ਸਿਮਰਨ ਕਰਾਂ)। (ਹੇ ਸਖੀ!) ਮੈਂ ਪਰਮਾਤਮਾ ਪਾਸ ਬੇਨਤੀ ਕਰਦੀ ਹਾਂ (ਕਿ ਮੇਰਾ ਆਲਸ ਦੂਰ ਹੋ ਜਾਏ)।

20808	460	ਰਾਵਉ ਸਹੁ ਆਪਨੜਾ ਪ੍ਰਭ ਸੰਗਿ ਸੋਹੰਤੀ॥	(ਰਾਵਉ) ਅਨੰਦ ਮਾਣੋ। (ਸੋਹੰਤੀ) ਸੋਭਦੀ	Raavo Sahu Aapanarraa Prabh Sang Sohanthee ||	I enjoy my Husband Lord, and look beautiful with my God.	(ਹੇ ਸਖੀ! ਜਿਉਂ ਜਿਉਂ) ਮੈਂ ਆਪਣੇ ਪਿਆਰੇ ਪ੍ਰਭੂ-ਪਤੀ ਨੂੰ ਆਪਣੇ ਹਿਰਦੇ ਵਿਚ ਵਸਾਂਦੀ ਹਾਂ (ਤਿਉਂ ਤਿਉਂ) ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਮੇਰਾ ਜੀਵਨ ਸੋਹਣਾ ਬਣਦਾ ਜਾ ਰਿਹਾ ਹੈ।
20809	460	ਸੰਗੇ ਸੋਹੰਤੀ ਕੰਤ ਸੁਆਮੀ ਦਿਨਸੁ ਰੈਣੀ ਰਾਵੀਐ॥	(ਰਾਵੀਐ) ਸਿਮਰੀਏ	Sangae Sohanthee Kanth Suaamee Dhinas Rainee Raaveeai ||	I look beautiful in the Company of my Husband Lord; I enjoy my Lord Master day and night.	ਹੇ ਸਖੀ! ਉਸ ਖਸਮ-ਪ੍ਰਭੂ ਨੂੰ ਦਿਨ ਰਾਤ ਹਰ ਵੇਲੇ ਹਿਰਦੇ ਵਿਚ ਵਸਾਣਾ ਚਾਹੀਦਾ ਹੈ, ਜੇਹੜੀ ਜੀਵ-ਇਸਤ੍ਰੀ ਸੁਆਮੀ ਕੰਤ ਦੇ ਚਰਨਾਂ ਵਿਚ ਜੁੜਦੀ ਹੈ ਉਸ ਦਾ ਜੀਵਨ ਸੋਹਣਾ ਬਣ ਜਾਂਦਾ ਹੈ।
20810	460	ਸਾਸਿ ਸਾਸਿ ਚਿਤਾਰਿ ਜੀਵਾ ਪ੍ਰਭੁ ਪੇਖਿ ਹਰਿ ਗੁਣ ਗਾਵੀਐ॥	(ਚਿਤਾਰਿ) ਸਿਮਰ	Saas Saas Chithaar Jeevaa Prabh Paekh Har Gun Gaaveeai ||	I live by remembering God with each and every breath, beholding the Lord, and singing His Glorious Praises.	ਹੇ ਸਖੀ! ਹਰੇਕ ਸਾਹ ਦੇ ਨਾਲ ਪ੍ਰਭੂ ਨੂੰ ਸਿਮਰ ਕੇ ਤੇ ਪ੍ਰਭੂ ਦਾ ਦਰਸਨ ਕਰਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੋ ਰਿਹਾ ਹੈ! ਹੇ ਸਖੀ! ਉਸ ਹਰੀ ਦੇ ਗੁਣ ਸਦਾ ਗਾਣੇ ਚਾਹੀਦੇ ਹਨ।

20811	460	ਬਿਰਹਾ ਲਜਾਇਆ ਦਰਸੁ ਪਾਇਆ ਅਮਿਉ ਦ੍ਰਿਸਟਿ ਸਿੰਚੰਤੀ॥	(ਬਿਰਹਾ) ਵਿਛੋੜਾ। (ਲੱਜਾਇਆ) ਸ਼ਰਮਾਇਆ ਮਿਟ ਗਿਆ। ਸਤਿਗੁਰਾਂ ਦੀ (ਅਮਿਉ) ਅੰਮ੍ਰਿਤ ਦ੍ਰਿਸਟੀ ਨੇ ਅੰਮ੍ਰਿਤ ਨਾਲ (ਸਿੰ-ਚੰਤੀ) ਸਿੰਜ ਦਿੱਤੀ, ਅੰਮ੍ਰਿਤ ਦੇ ਸਮੁੰਦ੍ਰ ਚ ਨਹਾ ਦਿੱਤੀ	Birehaa Lajaaeiaa Dharas Paaeiaa Amio Dhrisatt Sinchanthee ||	The pain of separation has grown shy, for I have obtained the Blessed Vision of His Darshan; His Ambrosial Glance of Grace has filled me with bliss.	(ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਪ੍ਰਭੂ ਨੇ ਆਪਣੀ) ਨਿਗਾਹ ਨਾਲ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਸਿੰਜਿਆ ਉਸ ਨੇ ਪ੍ਰਭੂ-ਪਤੀ ਦਾ ਦਰਸ਼ਨ ਕਰ ਲਿਆ ਉਸ ਦੇ ਅੰਦਰੋਂ (ਪ੍ਰਭੂ-ਚਰਨਾਂ ਤੋਂ) ਵਿਛੋੜਾ ਦੂਰ ਹੋ ਗਿਆ।
20812	460	ਬਿਨਵੰਤਿ ਨਾਨਕੁ ਮੇਰੀ ਇਛ ਪੁੰਨੀ ਮਿਲੇ ਜਿਸੁ ਖੋਜੰਤੀ॥੧॥	ਬਿਨ-ਵੰਤਿ ਇੱਛ। (ਪੁੰਨੀ) ਪੂਰੀ ਹੋਈ।	Binavanth Naanak Maeree Eishh Punnee Milae Jis Khojanthee ||1||	Prays Nanak, my desires are fulfilled; I have met the One I was seeking. ||1||	ਨਾਨਕ ਬੇਨਤੀ ਕਰਦਾ ਹੈ (ਤੇ ਆਖਦਾ ਹੈ-ਹੇ ਸਖੀ!) ਮੇਰੀ ਮਨ ਦੀ ਮੁਰਾਦ ਪੂਰੀ ਹੋ ਗਈ ਹੈ, ਮੈਨੂੰ ਉਹ ਪ੍ਰਭੂ ਮਿਲ ਪਿਆ ਹੈ ਜਿਸ ਨੂੰ ਮੈਂ ਭਾਲ ਰਹੀ ਸਾਂ ॥੧॥
20813	460	ਨਸਿ ਵੰਞਹੁ ਕਿਲਵਿਖਹੁ ਕਰਤਾ ਘਰਿ ਆਇਆ॥	ਨੱਸਿ। (ਵੰਞਹੁ) ਚਲੇ ਜਾਓ। (ਕਿਲਵਿਖਹੁ) ਪਾਪੋ।	Nas Vannjahu Kilavikhahu Karathaa Ghar Aaeiaa ||	Run away, O sins; the Creator has entered my home.	ਹੇ ਪਾਪੋ! (ਮੇਰੇ ਹਿਰਦੇ-) ਘਰ ਵਿਚ (ਮੇਰਾ) ਕਰਤਾਰ ਆ ਵੱਸਿਆ ਹੈ (ਹੁਣ ਤੁਸੀ ਮੇਰੇ ਹਿਰਦੇ ਵਿਚੋਂ) ਚਲੇ ਜਾਵੋ।
20814	460	ਦੂਤਹ ਦਹਨੁ ਭਇਆ ਗੋਵਿੰਦੁ ਪ੍ਰਗਟਾਇਆ॥	ਕਾਮਾਦਿ (ਦੂਤਹ) ਵੈਰੀਆਂ ਦਾ ।(ਦਹਨੁ) ਸੜ ਗਏ	Dhootheh Dhehan Bhaeiaa Govindh Pragattaaeiaa ||	The demons within me have been burnt; the Lord of the Universe has revealed Himself to me.	ਜਿਸ ਹਿਰਦੇ ਵਿਚ ਗੋਵਿੰਦ ਪਰਗਟ ਹੋ ਜਾਏ, ਉਸ ਵਿਚੋਂ ਵਿਕਾਰ-ਵੈਰੀਆਂ ਦਾ ਨਾਸ ਹੋ ਜਾਂਦਾ ਹੈ,

20815	460	ਪ੍ਰਗਟੇ ਗੁਪਾਲ ਗੋਬਿੰਦ ਲਾਲਨ ਸਾਧਸੰਗਿ ਵਖਾਣਿਆ॥	(ਲਾਲਨ) ਪਿਆਰੇ। (ਵਖਾਣਿਆ) ਸਿਮਰਿਆ	Pragattae Gupaal Gobindh Laalan Saadhhasang Vakhaaniaa ||	The Beloved Lord of the Universe, the Lord of the World has revealed Himself; in the Saadh Sangat, the Company of the Holy, I chant His Name.	ਤੇ ਪਿਆਰੇ ਗੋਪਾਲ ਗੋਵਿੰਦ ਜੀ (ਉਸ ਮਨੁੱਖ ਦੇ ਹਿਰਦੇ ਵਿਚ) ਪਰਗਟ ਹੁੰਦੇ ਹਨ ਜੇਹੜਾ ਮਨੁੱਖ ਸਾਧ ਸੰਗਤਿ ਵਿਚ ਗੋਵਿੰਦ ਦੀ ਸਿਫ਼ਤਿ-ਸਾਲਾਹ ਕਰਦਾ ਹੈ।
20816	460	ਆਚਰਜੁ ਡੀਠਾ ਅਮਿਉ ਵੂਠਾ ਗੁਰ ਪ੍ਰਸਾਦੀ ਜਾਣਿਆ॥	(ਅਮਿਉ) ਅੰਮ੍ਰਿਤ। (ਵੂਠਾ) ਵਸਿਆ। ਆ-ਚਰਜੁ	Aacharaj Ddeethaa Amio Voothaa Gur Prasaadhee Jaaniaa ||	I have seen the Wondrous Lord; He showers His Ambrosial Nectar upon me, and by Guru's Grace, I know Him.	ਜੇਹੜਾ ਮਨੁੱਖ ਗੁਰੂ ਦੀ ਕਿਰਪਾ ਦੁਆਰਾ ਗੋਬਿੰਦ ਨਾਲ ਡੂੰਘੀ ਸਾਂਝ ਪਾਂਦਾ ਹੈ ਉਹ (ਆਪਣੇ ਅੰਦਰ ਇਕ) ਹੈਰਾਨ ਕਰ ਦੇਣ ਵਾਲਾ ਤਮਾਸ਼ਾ ਵੇਖਦਾ ਹੈ (ਕਿ ਉਸ ਦੇ ਹਿਰਦੇ ਵਿਚ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਆ ਵੱਸਦਾ ਹੈ।
20817	460	ਮਨਿ ਸਾਂਤਿ ਆਈ ਵਜੀ ਵਧਾਈ ਨਹ ਅੰਤੁ ਜਾਈ ਪਾਇਆ॥		Man Saanth Aaee Vajee Vadhhaaee Neh Anth Jaaee Paaeiaa ||	My mind is at peace, resounding with the music of bliss; the Lord's limits cannot be found.	ਉਸ ਦੇ ਮਨ ਵਿਚ ਬੇਅੰਤ ਠੰਡ ਪੈ ਜਾਂਦੀ ਹੈ ਉਸ ਦੇ ਅੰਦਰ ਬੇਅੰਤ ਚੜ੍ਹਦੀ ਕਲਾ ਬਣ ਜਾਂਦੀ ਹੈ।

20818	460	ਬਿਨਵੰਤਿ ਨਾਨਕ ਸੁਖ ਸਹਜਿ ਮੇਲਾ ਪ੍ਰਭੂ ਆਪਿ ਬਣਾਇਆ॥੨॥		Binavanth Naanak Sukh Sehaj Maelaa Prabhoo Aap Banaaeiaa ||2||	Prays Nanak, God brings us to union with Himself, in the poise of celestial peace. ||2||	ਨਾਨਕ ਬੇਨਤੀ ਕਰਦਾ ਹੈ, (ਜਿਸ ਮਨੁੱਖ ਉਤੇ ਮੇਹਰ ਕਰਦਾ ਹੈ ਉਸ ਨੂੰ) ਪ੍ਰਭੂ ਆਪ ਹੀ ਆਨੰਦ-ਮਈ ਆਤਮਕ ਅਡੋਲਤਾ ਵਿਚ ਟਿਕਾਂਦਾ ਹੈ, ਪ੍ਰਭੂ ਆਪ ਹੀ ਉਸ ਦਾ ਆਪਣੇ ਨਾਲ ਮਿਲਾਪ ਬਣਾਂਦਾ ਹੈ ॥੨॥
20819	460	ਨਰਕ ਨ ਡੀਠੜਿਆ ਸਿਮਰਤ ਨਾਰਾਇਣ॥		Narak N Ddeetharriaa Simarath Naaraaein ||	They do not have to see hell, if they remember the Lord in meditation.	ਜੇਹੜੇ ਮਨੁੱਖ ਪਰਮਾਤਮਾ ਦਾ ਸਿਮਰਨ ਕਰਦੇ ਹਨ ਉਹਨਾਂ ਨੂੰ ਨਰਕ ਨਹੀਂ ਵੇਖਣੇ ਪੈਂਦੇ।
20820	460	ਜੈ ਜੈ ਧਰਮੁ ਕਰੇ ਦੂਤ ਭਏ ਪਲਾਇਣ॥	(ਧਰਮੁ) ਧਰਮਰਾਜ। (ਪਲਾਇਣ) ਭੱਜ ਗਏ	Jai Jai Dhharam Karae Dhooth Bheae Palaaein ||	The Righteous Judge of Dharma applauds them, and the Messenger of Death runs away from them.	ਧਰਮ ਰਾਜ (ਭੀ) ਉਹਨਾਂ ਨੂੰ ਨਮਸਕਾਰ ਕਰਦਾ ਹੈ, ਜਮਦੂਤ ਉਹਨਾਂ ਤੋਂ ਪਰੇ ਦੌੜ ਜਾਂਦੇ ਹਨ।
20821	460	ਧਰਮ ਧੀਰਜ ਸਹਜ ਸੁਖੀਏ ਸਾਧਸੰਗਤਿ ਹਰਿ ਭਜੇ॥	(ਭਜ:ਪੋਲੇ) ਸਿਮਰੇ	Dhharam Dhheeraj Sehaj Sukheeeae Saadhhasangath Har Bhajae ||	Dharmic faith, patience, peace and poise are obtained by vibrating upon the Lord in the Saadh Sangat, the Company of the Holy.	ਸਾਧ ਸੰਗਤਿ ਵਿਚ ਪਰਮਾਤਮਾ ਦਾ ਭਜਨ ਕਰ ਕੇ ਉਹ ਮਨੁੱਖ ਸੁਖੀ ਹੋ ਜਾਂਦੇ ਹਨ ਉਹਨਾਂ ਨੂੰ ਧਰਮ ਪ੍ਰਾਪਤ ਹੋ ਜਾਂਦਾ ਹੈ ਧੀਰਜ ਪ੍ਰਾਪਤ ਹੋ ਜਾਂਦੀ ਹੈ ਆਤਮਕ ਅਡੋਲਤਾ ਮਿਲ ਜਾਂਦੀ ਹੈ।

20822	460	ਕਰਿ ਅਨੁਗ੍ਰਹੁ ਰਾਖਿ ਲੀਨੇ ਮੋਹ ਮਮਤਾ ਸਭ ਤਜੇ॥	(ਅ-ਨੁੱਗ੍ਰਹੁ) ਕ੍ਰਿਪਾ। (ਤਜੇ) ਤਿਆਗੇ। ਤਜੇ:ਪੋਲਾ ਬੋਲੋ	Kar Anugrahu Raakh Leenae Moh Mamathaa Sabh Thajae ||	Showering His Blessings, He saves those who renounce all attachments and egotism.	ਪਰਮਾਤਮਾ ਮੇਹਰ ਕਰ ਕੇ ਉਹਨਾਂ ਨੂੰ (ਮੋਹ ਮਮਤਾ ਆਦਿਕ ਵਿਕਾਰਾਂ ਤੋਂ) ਬਚਾ ਲੈਂਦਾ ਹੈ, ਉਹ ਮਨੁੱਖ ਮੋਹ ਮਮਤਾ ਆਦਿਕ ਸਭ ਤਿਆਗ ਦੇਂਦੇ ਹਨ।
20823	460	ਗਹਿ ਕੰਠਿ ਲਾਏ ਗੁਰਿ ਮਿਲਾਏ ਗੋਵਿੰਦ ਜਪਤ ਅਘਾਇਣ॥	(ਗਹਿ) ਫੜ ਕੇ (ਕੰਠਿ) ਗਲ਼ੇ ਨਾਲ। (ਅਘਾਇਣ) ਤ੍ਰਿਪਤ	Gehi Kanth Laaeae Gur Milaaeae Govindh Japath Aghaaein ||	The Lord embraces us; the Guru unites us with Him. Meditating on the Lord of the Universe, we are satisfied.	ਜਿਨ੍ਹਾਂ ਨੂੰ ਪਰਮਾਤਮਾ ਗੁਰੂ ਦੀ ਰਾਹੀਂ ਆਪਣੇ ਨਾਲ ਮਿਲਾਂਦਾ ਹੈ ਉਹਨਾਂ ਨੂੰ (ਬਾਹੋਂ) ਫੜ ਕੇ ਆਪਣੇ ਗਲ ਨਾਲ ਲਾ ਲੈਂਦਾ ਹੈ। ਪਰਮਾਤਮਾ ਦਾ ਨਾਮ ਜਪ ਕੇ ਉਹ (ਮਾਇਆ ਦੀ ਤ੍ਰਿਸ਼ਨਾ ਵੱਲੋਂ) ਰੱਜ ਜਾਂਦੇ ਹਨ।
20824	460	ਬਿਨਵੰਤਿ ਨਾਨਕ ਸਿਮਰਿ ਸੁਆਮੀ ਸਗਲ ਆਸ ਪੁਜਾਇਣ॥੩॥		Binavanth Naanak Simar Suaamee Sagal Aas Pujaaein ||3||	Prays Nanak, remembering the Lord and Master in meditation, all hopes are fulfilled. ||3||	ਨਾਨਕ ਬੇਨਤੀ ਕਰਦਾ ਹੈ-ਉਹ ਮਨੁੱਖ ਮਾਲਕ-ਪ੍ਰਭੂ ਦਾ ਸਿਮਰਨ ਕਰ ਕੇ ਆਪਣੀਆਂ ਸਾਰੀਆਂ ਮੁਰਾਦਾਂ ਪੂਰੀਆਂ ਕਰ ਲੈਂਦੇ ਹਨ ॥੩॥
20825	461	ਨਿਧਿ ਸਿਧਿ ਚਰਣ ਗਹੇ ਤਾ ਕੇਹਾ ਕਾੜਾ॥	(ਕਾੜਾ) ਚਿੰਤਾ	Nidhh Sidhh Charan Gehae Thaa Kaehaa Kaarraa ||	Grasping the Lord's Feet, the treasure of the Siddhas, what suffering can I feel?	ਜਦੋਂ ਕਿਸੇ ਮਨੁੱਖ ਨੇ ਉਸ ਪਰਮਾਤਮਾ ਦੇ ਚਰਨ ਫੜ ਲਏ ਜੋ ਸਾਰੀਆਂ ਨਿਧੀਆਂ ਦਾ ਸਾਰੀਆਂ ਸਿੱਧੀਆਂ ਦਾ ਮਾਲਕ ਹੈ ਉਸ ਨੂੰ ਤਦੋਂ ਕੋਈ ਚਿੰਤਾ-ਫਿਕਰ ਨਹੀਂ ਰਹਿ ਜਾਂਦਾ,

20826	461	ਸਭੁ ਕਿਛੁ ਵਸਿ ਜਿਸੈ ਸੋ ਪ੍ਰਭੂ ਅਸਾੜਾ॥	(ਅਸਾੜਾ) ਸਾਡਾ। ਵੱਸਿ	Sabh Kishh Vas Jisai So Prabhoo Asaarraa ||	Everything is in His Power - He is my God.	(ਕਿਉਂਕਿ, ਹੇ ਭਾਈ!) ਸਾਡੇ ਸਿਰ ਉਤੇ ਉਹ ਪਰਮਾਤਮਾ ਰਾਖਾ ਹੈ ਜਿਸ ਦੇ ਵੱਸ ਵਿਚ ਹਰੇਕ ਚੀਜ਼ ਹੈ।
20827	461	ਗਹਿ ਭੁਜਾ ਲੀਨੇ ਨਾਮ ਦੀਨੇ ਕਰੁ ਧਾਰਿ ਮਸਤਕਿ ਰਾਖਿਆ॥	(ਭੁਜਾ) ਬਾਂਹ। (ਕਰੁ) ਹੱਥ	Gehi Bhujaa Leenae Naam Dheenae Kar Dhhaar Masathak Raakhiaa ||	Holding me the the arm, He blesses me with His Name; placing His Hand upon my forehead, He saves me.	(ਜਿਸ ਮਨੁੱਖ ਨੂੰ) ਬਾਹੋਂ ਫੜ ਕੇ (ਪਰਮਾਤਮਾ ਆਪਣੇ ਵਿਚ) ਲੀਨ ਕਰ ਲੈਂਦਾ ਹੈ, ਜਿਸ ਨੂੰ ਆਪਣੇ ਨਾਮ ਦੀ ਦਾਤ ਦੇਂਦਾ ਹੈ, ਉਸ ਦੇ ਮੱਥੇ ਉਤੇ ਹੱਥ ਰੱਖ ਕੇ ਉਸ ਨੂੰ (ਵਿਕਾਰਾਂ ਤੋਂ) ਬਚਾ ਲੈਂਦਾ ਹੈ।
20828	461	ਸੰਸਾਰ ਸਾਗਰੁ ਨਹ ਵਿਆਪੈ ਅਮਿਉ ਹਰਿ ਰਸੁ ਚਾਖਿਆ॥		Sansaar Saagar Neh Viaapai Amio Har Ras Chaakhiaa ||	The world-ocean does not trouble me, for I have drunk the sublime elixir of the Lord.	(ਪਰਮਾਤਮਾ ਦੀ ਕਿਰਪਾ ਨਾਲ ਜਿਸ ਮਨੁੱਖ ਨੇ) ਆਤਮਕ ਜੀਵਨ ਦੇਣ ਵਾਲੇ ਹਰਿ-ਨਾਮ-ਰਸ ਦਾ ਸੁਆਦ ਚੱਖ ਲਿਆ, ਉਸ ਉਤੇ ਸੰਸਾਰ-ਸਮੁੰਦਰ (ਆਪਣਾ) ਜੋਰ ਨਹੀਂ ਪਾ ਸਕਦਾ।
20829	461	ਸਾਧਸੰਗੇ ਨਾਮ ਰੰਗੇ ਰਣੁ ਜੀਤਿ ਵਡਾ ਅਖਾੜਾ॥		Saadhhasangae Naam Rangae Ran Jeeth Vaddaa Akhaarraa ||	In the Saadh Sangat, imbued with the Naam, the Name of the Lord, I am victorious on the great battlefield of life.	ਉਸ ਨੇ ਸਾਧ ਸੰਗਤਿ ਵਿਚ ਟਿਕ ਕੇ, ਹਰਿ-ਨਾਮ ਦੇ ਪ੍ਰੇਮ ਵਿਚ ਲੀਨ ਹੋ ਕੇ ਇਹ ਰਣ ਜਿੱਤ ਲਿਆ ਇਹ ਵੱਡਾ ਪਿੜ ਜਿੱਤ ਲਿਆ (ਜਿੱਥੇ ਕਾਮਾਦਿਕ ਪਹਲਵਾਨਾਂ ਨਾਲ ਸਦਾ ਘੋਲ ਹੁੰਦਾ ਰਹਿੰਦਾ ਹੈ)।

20830	461	ਬਿਨਵੰਤਿ ਨਾਨਕ ਸਰਣਿ ਸੁਆਮੀ ਬਹੁੜਿ ਜਮਿ ਨ ਉਪਾੜਾ॥੪॥੩॥੧੨॥	(ਉਪਾੜਾ)ਪੁੱਟਦਾ ਮਾਰਦਾ ਨਹੀਂ	Binavanth Naanak Saran Suaamee Bahurr Jam N Oupaarraa ||4||3||12||	Prays Nanak, I have entered the Sanctuary of the Lord and Master; the Messenger of Death shall not destroy me again. ||4||3||12||	ਨਾਨਕ ਬੇਨਤੀ ਕਰਦਾ ਹੈ- ਜੇਹੜਾ ਮਨੁੱਖ ਮਾਲਕ-ਪ੍ਰਭੂ ਦੀ ਸਰਨ ਪਿਆ ਰਹਿੰਦਾ ਹੈ ਉਸ ਨੂੰ (ਇਸ ਜੀਵਨ-ਘੋਲ ਵਿਚ) ਮੁੜ ਕਦੇ ਜਮ ਪੈਰਾਂ ਤੋਂ ਉਖੇੜ ਨਹੀਂ ਸਕਦਾ ॥੪॥੩॥੧੨॥
20831	461	ਆਸਾ ਮਹਲਾ ੫॥		Aasaa Mehalaa 5 ||	Aasaa, Fifth Mehl:	
20832	461	ਦਿਨੁ ਰਾਤਿ ਕਮਾਇਅੜੋ ਸੋ ਆਇਓ ਮਾਥੈ॥		Dhin Raath Kamaaeiarro So Aaeiou Maathhai ||	Those actions you perform, day and night, are recorded upon your forehead.	ਜੋ ਕੁਝ ਦਿਨ ਰਾਤ ਹਰ ਵੇਲੇ ਚੰਗਾ ਮੰਦਾ ਕੰਮ ਤੂੰ ਕੀਤਾ ਹੈ, ਉਹ ਸੰਸਕਾਰ-ਰੂਪ ਬਣ ਕੇ ਤੇਰੇ ਮਨ ਵਿਚ ਉੱਕਰਿਆ ਗਿਆ ਹੈ।
20833	461	ਜਿਸੁ ਪਾਸਿ ਲੁਕਾਇਦੜੋ ਸੋ ਵੇਖੀ ਸਾਥੈ॥		Jis Paas Lukaaeidharro So Vaekhee Saathhai ||	And the One, from whom you hide these actions - He sees them, and is always with you.	ਜਿਸ ਪਾਸੋਂ ਤੂੰ (ਆਪਣੇ ਕੀਤੇ ਕੰਮ) ਲੁਕਾਂਦਾ ਰਿਹਾ ਹੈਂ ਉਹ ਤਾਂ ਤੇਰੇ ਨਾਲ ਹੀ ਬੈਠਾ ਵੇਖਦਾ ਜਾ ਰਿਹਾ ਹੈ।
20834	461	ਸੰਗਿ ਦੇਖੈ ਕਰਣਹਾਰਾ ਕਾਇ ਪਾਪੁ ਕਮਾਈਐ॥		Sang Dhaekhai Karanehaaraa Kaae Paap Kamaaeeai ||	The Creator Lord is with you; He sees you, so why commit sins?	ਸਿਰਜਣਹਾਰ (ਹਰੇਕ ਜੀਵ ਦੇ) ਨਾਲ (ਬੈਠਾ ਹਰੇਕ ਦੇ ਕੀਤੇ ਕੰਮ) ਵੇਖਦਾ ਰਹਿੰਦਾ ਹੈ। ਸੋ ਕੋਈ ਮੰਦ ਕਰਮ ਨਹੀਂ ਕਰਨਾ ਚਾਹੀਦਾ,

20835	461	ਸੁਕ੍ਰਿਤੁ ਕੀਜੈ ਨਾਮੁ ਲੀਜੈ ਨਰਕਿ ਮੂਲਿ ਨ ਜਾਈਐ॥	(ਸੁ-ਕ੍ਰਿਤੁ) ਭਲੇ ਕਰਮ	Sukirath Keejai Naam Leejai Narak Mool N Jaaeeai ||	So perform good deeds, and chant the Naam, the Name of the Lord; you shall never have to go to hell.	(ਸਗੋਂ) ਭਲਾ ਕਰਮ ਕਰਨਾ ਚਾਹੀਦਾ ਹੈ, ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ (ਨਾਮ ਦੀ ਬਰਕਤਿ ਨਾਲ) ਨਰਕ ਵਿਚ ਕਦੇ ਭੀ ਨਹੀਂ ਪਈਦਾ।
20836	461	ਆਠ ਪਹਰ ਹਰਿ ਨਾਮੁ ਸਿਮਰਹੁ ਚਲੈ ਤੇਰੈ ਸਾਥੇ॥	ਚੱਲੈ	Aath Pehar Har Naam Simarahu Chalai Thaerai Saathhae ||	Twenty-four hours a day, dwell upon the Lord's Name in meditation; it alone shall go along with you.	ਅੱਠੇ ਪਹਰ ਪਰਮਾਤਮਾ ਦਾ ਨਾਮ ਸਿਮਰਦਾ ਰਹੁ, ਪਰਮਾਤਮਾ ਦਾ ਨਾਮ ਤੇਰੇ ਨਾਲ ਸਾਥ ਕਰੇਗਾ।
20837	461	ਭਜੁ ਸਾਧਸੰਗਤਿ ਸਦਾ ਨਾਨਕ ਮਿਟਹਿ ਦੋਖ ਕਮਾਤੇ॥੧॥	ਭਜੁ:ਪੋਲਾ ਬੋਲੋ। (ਕਮਾਤੇ) ਕਮਾਏ ਹੋਏ।	Bhaj Saadhhasangath Sadhaa Naanak Mittehi Dhokh Kamaathae ||1||	So vibrate continually in the Saadh Sangat, the Company of the Holy, O Nanak, and the sins you committed shall be erased. ||1||	ਹੇ ਨਾਨਕ! (ਆਖ-ਹੇ ਭਾਈ!) ਸਾਧ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਭਜਨ ਕਰਿਆ ਕਰ (ਭਜਨ ਦੀ ਬਰਕਤਿ ਨਾਲ ਪਿਛਲੇ) ਕੀਤੇ ਹੋਏ ਵਿਕਾਰ ਮਿਟ ਜਾਂਦੇ ਹਨ ॥੧॥
20838	461	ਵਲ ਵੰਚ ਕਰਿ ਉਦਰੁ ਭਰਹਿ ਮੂਰਖ ਗਾਵਾਰਾ॥	(ਵਲ)ਵਲ਼ ਛਲ਼, ਸ੍ਰੀਰਕ ਵਲ ਨਾਲ਼। (ਵੰਚ)ਠੱਗੀ	Valavanch Kar Oudhar Bharehi Moorakh Gaavaaraa ||	Practicing deceit, you fill your belly, you ignorant fool!	ਹੇ ਮੂਰਖ! ਹੇ ਗੰਵਾਰ! ਤੂੰ (ਹੋਰਨਾਂ ਨਾਲ) ਵਲ-ਛਲ ਕਰ ਕੇ (ਆਪਣਾ) ਪੇਟ ਭਰਦਾ ਹੈਂ (ਰੋਜ਼ੀ ਕਮਾਂਦਾ ਹੈਂ।
20839	461	ਸਭੁ ਕਿਛੁ ਦੇ ਰਹਿਆ ਹਰਿ ਦੇਵਣਹਾਰਾ॥		Sabh Kishh Dhae Rehiaa Har Dhaevanehaaraa ||	The Lord, the Great Giver, continues to give you everything.	ਤੈਨੂੰ ਇਹ ਗੱਲ ਭੁੱਲ ਚੁਕੀ ਹੋਈ ਹੈ ਕਿ) ਹਰੀ ਦਾਤਾਰ (ਸਭਨਾਂ ਜੀਵਾਂ ਨੂੰ) ਹਰੇਕ ਚੀਜ਼ ਦੇ ਰਿਹਾ ਹੈ।

20840	461	ਦਾਤਾਰੁ ਸਦਾ ਦਇਆਲੁ ਸੁਆਮੀ ਕਾਇ ਮਨਹੁ ਵਿਸਾਰੀਐ॥		Dhaathaar Sadhaa Dhaeiaal Suaamee Kaae Manahu Visaareeai ||	The Great Giver is always merciful. Why should we forget the Lord Master from our minds?	ਸਭ ਦਾਤਾਂ ਦੇਣ ਵਾਲਾ ਮਾਲਕ ਸਦਾ ਦਇਆਵਾਨ ਰਹਿੰਦਾ ਹੈ, ਉਸ ਨੂੰ ਕਦੇ ਭੀ ਆਪਣੇ ਮਨ ਤੋਂ ਭੁਲਾਣਾ ਨਹੀਂ ਚਾਹੀਦਾ।
20841	461	ਮਿਲੁ ਸਾਧਸੰਗੇ ਭਜੁ ਨਿਸੰਗੇ ਕੁਲ ਸਮੂਹਾ ਤਾਰੀਐ॥	(ਨਿਸੰਗੇ) ਬਿਨਾ ਝਿਜਕ। (ਸਮੂਹਾ) ਸਾਰੀਆਂ	Mil Saadhhasangae Bhaj Nisangae Kul Samoohaa Thaareeai ||	Join the Saadh Sangat, and vibrate fearlessly; all your relations shall be saved.	ਸਾਧ ਸੰਗਤਿ ਵਿਚ ਮਿਲ (-ਬੈਠ), ਝਾਕਾ ਲਾਹ ਕੇ ਉਸ ਦਾ ਭਜਨ ਕਰਿਆ ਕਰ, (ਭਜਨ ਦੀ ਬਰਕਤਿ ਨਾਲ ਆਪਣੀਆਂ) ਸਾਰੀਆਂ ਕੁਲਾਂ ਤਾਰ ਲਈਦੀਆਂ ਹਨ।
20842	461	ਸਿਧ ਸਾਧਿਕ ਦੇਵ ਮੁਨਿ ਜਨ ਭਗਤ ਨਾਮੁ ਅਧਾਰਾ॥		Sidhh Saadhhik Dhaev Mun Jan Bhagath Naam Adhhaaraa ||	The Siddhas, the seekers, the demi-gods, the silent sages and the devotees, all take the Naam as their support.	ਜੋਗ-ਸਾਧਨਾਂ ਵਿਚ ਪੁੱਗੇ ਜੋਗੀ, ਜੋਗ-ਸਾਧਨ ਕਰਨ ਵਾਲੇ, ਦੇਵਤੇ, ਸਮਾਧੀਆਂ ਲਾਣ ਵਾਲੇ, ਭਗਤ-ਸਭਨਾਂ ਦੀ ਜ਼ਿੰਦਗੀ ਦਾ ਹਰਿ-ਨਾਮ ਹੀ ਸਹਾਰਾ ਬਣਿਆ ਚਲਿਆ ਆ ਰਿਹਾ ਹੈ।
20843	461	ਬਿਨਵੰਤਿ ਨਾਨਕ ਸਦਾ ਭਜੀਐ ਪ੍ਰਭੁ ਏਕੁ ਕਰਣੈਹਾਰਾ॥੨॥	(ਭਜੀਐ) ਸਿਮਰੀਏ। ਭਜੀਐ:ਪੋਲਾ ਬੋਲੋ	Binavanth Naanak Sadhaa Bhajeeai Prabh Eaek Karanaihaaraa ||2||	Prays Nanak, vibrate continually upon God, the One Creator Lord. ||2||	ਨਾਨਕ ਬੇਨਤੀ ਕਰਦਾ ਹੈ, ਸਦਾ ਉਸ ਪਰਮਾਤਮਾ ਦਾ ਭਜਨ ਕਰਨਾ ਚਾਹੀਦਾ ਹੈ ਜੋ ਆਪ ਹੀ ਸਾਰੇ ਸੰਸਾਰ ਦਾ ਪੈਦਾ ਕਰਨ ਵਾਲਾ ਹੈ ॥੨॥

20844	461	ਖੋਟੁ ਨ ਕੀਚਈ ਪ੍ਰਭੁ ਪਰਖਣਹਾਰਾ॥	ਕੀ-ਚਈ	Khott N Keechee Prabh Parakhanehaaraa ||	Do not practice deception - God is the Assayer of all.	(ਕਦੇ ਕਿਸੇ ਨਾਲ) ਧੋਖਾ ਨਹੀਂ ਕਰਨਾ ਚਾਹੀਦਾ, (ਪਰਮਾਤਮਾ ਖਰੇ ਖੋਟੇ ਦੀ) ਪਛਾਣ ਕਰਨ ਦੀ ਸਮਰੱਥਾ ਰੱਖਦਾ ਹੈ।
20845	461	ਕੂੜੁ ਕਪਟੁ ਕਮਾਵਦੜੇ ਜਨਮਹਿ ਸੰਸਾਰਾ॥		Koorr Kapatt Kamaavadharrae Janamehi Sansaaraa ||	Those who practice falsehood and deceit are reincarnated in the world.	ਜੇਹੜੇ ਮਨੁੱਖ (ਹੋਰਨਾਂ ਨੂੰ ਠੱਗਣ ਵਾਸਤੇ) ਝੂਠ ਬੋਲਦੇ ਹਨ, ਉਹ ਸੰਸਾਰ ਵਿਚ (ਮੁੜ ਮੁੜ) ਜੰਮਦੇ (ਮਰਦੇ) ਰਹਿੰਦੇ ਹਨ।
20846	461	ਸੰਸਾਰੁ ਸਾਗਰੁ ਤਿਨੀ ਤਰਿਆ ਜਿਨੀ ਏਕੁ ਧਿਆਇਆ॥		Sansaar Saagar Thinhee Thariaa Jinhee Eaek Dhhiaaeiaa ||	Those who meditate on the One Lord, cross over the world-ocean.	ਜਿਨ੍ਹਾਂ ਮਨੁੱਖਾਂ ਨੇ ਇਕ ਪਰਮਾਤਮਾ ਦਾ ਸਿਮਰਨ ਕੀਤਾ ਹੈ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ ਹਨ।
20847	461	ਤਜਿ ਕਾਮੁ ਕ੍ਰੋਧੁ ਅਨਿੰਦ ਨਿੰਦਾ ਪ੍ਰਭ ਸਰਣਾਈ ਆਇਆ॥	(ਅ-ਨਿੰਦ) ਉਸਤਤ	Thaj Kaam Krodhh Anindh Nindhaa Prabh Saranaaee Aaeiaa ||	Renouncing sexual desire, anger, flattery and slander, they enter the Sanctuary of God.	ਜੇਹੜੇ ਕਾਮ ਕ੍ਰੋਧ ਤਿਆਗ ਕੇ ਭਲਿਆਂ ਦੀ ਨਿੰਦਾ ਛੱਡ ਕੇ ਪ੍ਰਭੂ ਦੀ ਸਰਨ ਆ ਗਏ ਹਨ, (ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ ਹਨ।)
20848	461	ਜਲਿ ਥਲਿ ਮਹੀਅਲਿ ਰਵਿਆ ਸੁਆਮੀ ਊਚ ਅਗਮ ਅਪਾਰਾ॥	(ਰਵਿਆ) ਸਮਾਏ	Jal Thhal Meheeal Raviaa Suaamee Ooch Agam Apaaraa ||	The lofty, inaccessible and infinite Lord and Master is pervading the water, the land and the sky.	(ਹੇ ਭਾਈ!) ਜੇਹੜਾ ਪਰਮਾਤਮਾ ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ ਹਰ ਥਾਂ ਮੌਜੂਦ ਹੈ, ਜੋ ਸਭ ਤੋਂ ਉੱਚਾ ਹੈ, ਜੋ ਅਪਹੁੰਚ ਹੈ ਤੇ ਬੇਅੰਤ ਹੈ,

20849	461	ਬਿਨਵੰਤਿ ਨਾਨਕ ਟੇਕ ਜਨ ਕੀ ਚਰਣਕਮਲ ਅਧਾਰਾ॥੩॥	ਬਿਨ-ਵੰਤਿ	Binavanth Naanak Ttaek Jan Kee Charan Kamal Adhhaaraa ||3||	Prays Nanak, He is the support of His servants; His Lotus Feet are their only sustenance. ||3||	ਨਾਨਕ ਬੇਨਤੀ ਕਰਦਾ ਹੈ, ਉਹ ਆਪਣੇ ਸੇਵਕਾਂ (ਦੀ ਜ਼ਿੰਦਗੀ) ਦਾ ਸਹਾਰਾ ਹੈ, ਉਸ ਦੇ ਸੋਹਣੇ ਕੋਮਲ ਚਰਨ ਉਸ ਦੇ ਸੇਵਕਾਂ ਲਈ ਆਸਰਾ ਹਨ ॥੩॥
20850	461	ਪੇਖੁ ਹਰਿਚੰਦਉਰੜੀ ਅਸਥਿਰੁ ਕਿਛੁ ਨਾਹੀ॥	ਹਰਿ-ਚੰਦਉਰੜੀ	Paekh Harichandhourarre e Asathhir Kishh Naahee ||	Behold - the world is a mirage; nothing here is permanent.	(ਇਹ ਸਾਰਾ ਸੰਸਾਰ ਜੋ ਦਿੱਸ ਰਿਹਾ ਹੈ ਇਸ ਨੂੰ) ਧੂਏਂ ਦਾ ਪਹਾੜ (ਕਰ ਕੇ) ਵੇਖ (ਇਸ ਵਿਚ) ਕੋਈ ਭੀ ਚੀਜ਼ ਸਦਾ ਕਾਇਮ ਰਹਿਣ ਵਾਲੀ ਨਹੀਂ।
20851	461	ਮਾਇਆ ਰੰਗ ਜੇਤੇ ਸੇ ਸੰਗਿ ਨ ਜਾਹੀ॥		Maaeiaa Rang Jaethae Sae Sang N Jaahee ||	The pleasures of Maya which are here, shall not go with you.	ਮਾਇਆ ਦੇ ਜਿਤਨੇ ਭੀ ਮੌਜ-ਮੇਲੇ ਹਨ ਉਹ ਸਾਰੇ (ਕਿਸੇ ਦੇ) ਨਾਲ ਨਹੀਂ ਜਾਂਦੇ।
20852	461	ਹਰਿ ਸੰਗਿ ਸਾਥੀ ਸਦਾ ਤੇਰੈ ਦਿਨਸੁ ਰੈਣਿ ਸਮਾਲੀਐ॥		Har Sang Saathhee Sadhaa Thaerai Dhinas Rain Samaaleeai ||	The Lord, your companion, is always with you; remember Him day and night.	ਪਰਮਾਤਮਾ ਹੀ ਸਦਾ ਤੇਰੇ ਨਾਲ ਨਿਭਣ ਵਾਲਾ ਸਾਥੀ ਹੈ, ਦਿਨ ਰਾਤ ਹਰ ਵੇਲੇ ਉਸ ਨੂੰ ਆਪਣੇ ਹਿਰਦੇ ਵਿਚ ਸਾਂਭ ਰੱਖਣਾ ਚਾਹੀਦਾ ਹੈ।
20853	461	ਹਰਿ ਏਕ ਬਿਨੁ ਕਛੁ ਅਵਰੁ ਨਾਹੀ ਭਾਉ ਦੁਤੀਆ ਜਾਲੀਐ॥	ਹਰਿ ਜੀ ਬਿਨਾ (ਦੁਤੀਆ) ਦੂਜਾ (ਭਾਉ) ਪ੍ਰੇਮ। ਜੱਾਲੀਐ	Har Eaek Bin Kashh Avar Naahee Bhaao Dhutheeaa Jaaleeai ||	Without the One Lord, there is no other; burn away the love of duality.	ਇਕ ਪਰਮਾਤਮਾ ਤੋਂ ਬਿਨਾ ਹੋਰ ਕੁਝ ਭੀ (ਸਦਾ ਟਿਕੇ ਰਹਿਣ ਵਾਲਾ) ਨਹੀਂ (ਇਸ ਵਾਸਤੇ ਪਰਮਾਤਮਾ ਤੋਂ ਬਿਨਾ) ਕੋਈ ਹੋਰ ਪਿਆਰ (ਮਨ ਵਿਚੋਂ) ਸਾੜ ਦੇਣਾ ਚਾਹੀਦਾ ਹੈ।

20854	461	ਮੀਤੁ ਜੋਬਨੁ ਮਾਲੁ ਸਰਬਸੁ ਪ੍ਰਭੁ ਏਕੁ ਕਰਿ ਮਨ ਮਾਹੀ॥	(ਸਰਬਸੁ) ਸਭ ਕੁਝ। ਸਰਬਸੁ:ਪੋਲਾ ਮਿਲਵਾਂ	Meeth Joban Maal Sarabas Prabh Eaek Kar Man Maahee ||	Know in your mind, that the One God is your friend, youth, wealth and everything.	ਮਿੱਤਰ, ਜਵਾਨੀ, ਧਨ, ਆਪਣਾ ਹੋਰ ਸਭ ਕੁਝ-ਇਹ ਸਭ ਕੁਝ ਇਕ ਪਰਮਾਤਮਾ ਨੂੰ ਹੀ ਆਪਣੇ ਮਨ ਵਿਚ ਸਮਝ।
20855	461	ਬਿਨਵੰਤਿ ਨਾਨਕੁ ਵਡਭਾਗਿ ਪਾਈਐ ਸੂਖਿ ਸਹਜਿ ਸਮਾਹੀ॥੪॥੪॥੧੩॥		Binavanth Naanak Vaddabhaag Paaeeai Sookh Sehaj Samaahee ||4||4||13||	Prays Nanak, by great good fortune, we find the Lord, and merge in peace and celestial poise. ||4||4||13||	ਨਾਨਕ ਬੇਨਤੀ ਕਰਦਾ ਹੈ (-ਹੇ ਭਾਈ!) ਪਰਮਾਤਮਾ ਵੱਡੀ ਕਿਸਮਤਿ ਨਾਲ ਮਿਲਦਾ ਹੈ (ਜਿਨ੍ਹਾਂ ਨੂੰ ਮਿਲਦਾ ਹੈ ਉਹ ਸਦਾ) ਆਨੰਦ ਵਿਚ ਆਤਮਕ ਅਡੋਲਤਾ ਵਿਚ ਲੀਨ ਰਹਿੰਦੇ ਹਨ ॥੪॥੪॥੧੩॥
20856	461	ਆਸਾ ਮਹਲਾ ੫ ਛੰਤ ਘਰੁ ੮		Aasaa Mehalaa 5 Shhanth Ghar 8	Aasaa, Fifth Mehl, Chhant, Eighth House:	ਰਾਗ ਆਸਾ, ਘਰ ੮ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ'।
20857	461	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

20858	461	ਕਮਲਾ ਭ੍ਰਮ ਭੀਤਿ ਕਮਲਾ ਭ੍ਰਮ ਭੀਤਿ ਹੇ ਤੀਖਣ ਮਦ ਬਿਪਰੀਤਿ ਹੇ ਅਵਧ ਅਕਾਰਥ ਜਾਤ॥	(ਕਮਲਾ) ਮਾਇਆ, ਕਮਲ਼ਾ ਜੀਵ। (ਭੀਤਿ) ਕੰਧ। (ਤੀਖਣ) ਤੇਜ਼ (ਮਦ) ਨਸ਼ਾ।ਮਦ:ਪੋਲਾ ਬੋਲੋ (ਬਿਪਰੀਤਿ) ਉਲਟੀ ਰੀਤ। (ਅਵਧ) ਉਮਰ।ਅਵਧ:ਪੋਲਾ (ਅਕਾਰਥ) ਵਿਅਰਥ	Kamalaa Bhram Bheeth Kamalaa Bhram Bheeth Hae Theekhan Madh Bipareeth Hae Avadhh Akaarathh Jaath ||	Maya is the wall of doubt - Maya is the wall of doubt. It is such a powerful and destructive intoxicant; it corrupts and wastes away one's life.	ਮਾਇਆ ਭਟਕਣਾ ਵਿਚ ਪਾਣ ਵਾਲੀ ਕੰਧ ਹੈ (ਜਿਸ ਨੇ ਪਰਮਾਤਮਾ ਨਾਲੋਂ ਜੀਵਾਂ ਦੀ ਵਿੱਥ ਬਣਾ ਰੱਖੀ ਹੈ), ਮਾਇਆ ਭਟਕਣਾ ਵਿਚ ਪਾਣ ਵਾਲੀ (ਤੇ ਪ੍ਰਭੂ ਨਾਲੋਂ ਉਹਲਾ ਬਣਾਣ ਵਾਲੀ) ਕੰਧ ਹੈ। ਇਸ ਮਾਇਆ ਦਾ ਨਸ਼ਾ ਤ੍ਰਿੱਖਾ ਹੈ, ਪਰ (ਜੀਵਨ-ਰਾਹ ਤੋਂ) ਉਲਟੇ ਪਾਸੇ ਲੈ ਜਾਣ ਵਾਲਾ ਹੈ। (ਮਾਇਆ ਵਿਚ ਫਸਿਆਂ) ਮਨੁੱਖ ਦੀ ਉਮਰ ਵਿਅਰਥ ਚਲੀ ਜਾਂਦੀ ਹੈ।
20859	461	ਗਹਬਰ ਬਨ ਘੋਰ ਗਹਬਰ ਬਨ ਘੋਰ ਹੇ ਗ੍ਰਿਹ ਮੂਸਤ ਮਨ ਚੋਰ ਹੇ ਦਿਨਕਰੋ ਅਨ ਦਿਨੁ ਖਾਤ॥	(ਗਹ-ਬਰ)ਗਾੜ੍ਹਾ। (ਘੋਰ)ਭੈਦਾਇਕ। (ਮੂਸਤ) ਲੁੱਟਦੇ। ਕਾਲ਼ ਰੂਪੀ (ਦਿਨਕਰੋ) ਸੂਰਜ	Gehabar Ban Ghor Gehabar Ban Ghor Hae Grih Moosath Man Chor Hae Dhinakaro Anadhin Khaath ||	In the terrible, impenetrable world-forest - in the terrible, impenetrable world-forest, the thieves are plundering man's house in broad daylight; night and day, this life is being consumed.	(ਇਹ ਸੰਸਾਰ ਇਕ) ਭਿਆਨਕ ਸੰਘਣਾ ਜੰਗਲ ਹੈ; ਭਿਆਨਕ ਸੰਘਣਾ ਜੰਗਲ ਹੈ, (ਇਥੇ ਮਨੁੱਖ ਦੇ ਹਿਰਦੇ-) ਘਰ ਨੂੰ (ਮਨੁੱਖ ਦਾ ਆਪਣਾ ਹੀ) ਚੋਰ-ਮਨ ਲੁੱਟੀ ਜਾ ਰਿਹਾ ਹੈ, ਤੇ, ਸੂਰਜ (ਭਾਵ, ਸਮਾ) ਹਰ ਵੇਲੇ (ਇਸ ਦੀ ਉਮਰ ਨੂੰ) ਮੁਕਾਈ ਜਾ ਰਿਹਾ ਹੈ।

20860	461	ਦਿਨ ਖਾਤ ਜਾਤ ਬਿਹਾਤ ਪ੍ਰਭ ਬਿਨੁ ਮਿਲਹੁ ਪ੍ਰਭ ਕਰੁਣਾਪਤੇ॥	ਕਰੁਣਾ-ਪਤੇ	Dhin Khaath Jaath Bihaath Prabh Bin Milahu Prabh Karunaa Pathae ||	The days of your life are being consumed; they are passing away without God. So meet God, the Merciful Lord.	(ਗੁਜ਼ਰਦੇ ਜਾ ਰਹੇ) ਦਿਨ (ਮਨੁੱਖ ਦੀ ਉਮਰ ਨੂੰ) ਖਾਈ ਜਾਂਦੇ ਹਨ, ਪਰਮਾਤਮਾ ਦੇ ਭਜਨ ਤੋਂ ਬਿਨਾ (ਮਨੁੱਖ ਦੀ ਉਮਰ ਵਿਅਰਥ) ਬੀਤਦੀ ਜਾ ਰਹੀ ਹੈ। ਹੇ ਪ੍ਰਭੂ! ਹੇ ਤਰਸ-ਸਰੂਪ ਪਤੀ! (ਮੇਰੇ ਉੱਤੇ ਤਰਸ ਕਰ, ਤੇ ਮੈਨੂੰ) ਮਿਲ।
20861	462	ਜਨਮ ਮਰਣ ਅਨੇਕ ਬੀਤੇ ਪ੍ਰਿਅ ਸੰਗ ਬਿਨੁ ਕਛੁ ਨਹ ਗਤੇ॥	ਗਤੇ:ਪੋਲਾ ਬੋਲੋ	Janam Maran Anaek Beethae Pria Sang Bin Kashh Neh Gathae ||	I passed through so many births and deaths; without Union with the Beloved, I did not obtain salvation.	ਜਨਮ ਮਰਨ ਦੇ ਅਨੇਕਾਂ ਗੇੜ ਲੰਘ ਗਏ ਹਨ, ਪਰ ਪਿਆਰੇ ਪ੍ਰਭੂ ਦੀ ਸੰਗਤਿ ਤੋਂ ਬਿਨਾ ਮੇਰਾ ਕੋਈ ਚੰਗਾ ਹਾਲ ਨਹੀਂ ਹੈ।
20862	462	ਕੁਲ ਰੂਪ ਧੂਪ ਗਿਆਨ ਹੀਨੀ ਤੁਝ ਬਿਨਾ ਮੋਹਿ ਕਵਨ ਮਾਤ॥	(ਧੂਪ) ਸ਼ੋਭਾ। ਕੁਲ:ਪੋਲਾ ਬੋਲੋ	Kul Roop Dhhoop Giaaneheenee Thujh Binaa Mohi Kavan Maath ||	I am without the status of high birth, beauty, glory or spiritual wisdom; without You, who is mine, O Mother?	(ਹੇ ਪਿਆਰੇ ਪ੍ਰਭੂ!) ਮੇਰੀ ਕੋਈ ਚੰਗੀ ਕੁਲ ਨਹੀਂ, ਮੇਰਾ ਸੁੰਦਰ ਰੂਪ ਨਹੀਂ, ਅੰਦਰ (ਗੁਣਾਂ ਦੀ) ਸੁਗੰਧੀ ਨਹੀਂ, ਮੈਨੂੰ ਆਤਮਕ ਜੀਵਨ ਦੀ ਕੋਈ ਸੂਝ-ਬੂਝ ਨਹੀਂ (ਹੇ ਪਿਆਰੇ!) ਤੈਥੋਂ ਬਿਨਾ ਮੇਰਾ ਹੋਰ ਕੋਈ ਰਾਖਾ ਨਹੀਂ।

20863	462	ਕਰ ਜੋੜਿ ਨਾਨਕੁ ਸਰਣਿ ਆਇਓ ਪ੍ਰਿਅ ਨਾਥ ਨਰਹਰ ਕਰਹੁ ਗਾਤ॥੧॥	(ਗਾਤ) ਮੁਕਤੀ	Kar Jorr Naanak Saran Aaeiou Pria Naathh Narehar Karahu Gaath ||1||	With my palms pressed together, O Nanak, I enter the Lord's Sanctuary; O beloved almighty Lord and Master, please, save me! ||1||	(ਤੇਰਾ ਸੇਵਕ) ਨਾਨਕ (ਦੋਵੇਂ) ਹੱਥ ਜੋੜ ਕੇ ਤੇਰੀ ਸਰਨ ਪਿਆ ਹੈ, ਹੇ ਪਿਆਰੇ! ਹੇ ਨਾਥ! ਹੇ ਪ੍ਰਭੂ! ਮੇਰੀ ਆਤਮਕ ਅਵਸਥਾ ਉੱਚੀ ਬਣਾ ॥੧॥
20864	462	ਮੀਨਾ ਜਲ ਹੀਨ ਮੀਨਾ ਜਲ ਹੀਨ ਹੇ ਓਹੁ ਬਿਛੁਰਤ ਮਨ ਤਨ ਖੀਨ ਹੇ ਕਤ ਜੀਵਨੁ ਪ੍ਰਿਅ ਬਿਨੁ ਹੋਤ॥	(ਖੀਨ) ਨਾਸ	Meenaa Jaleheen Meenaa Jaleheen Hae Ouhu Bishhurath Man Than Kheen Hae Kath Jeevan Pria Bin Hoth ||	Like a fish out of water - like a fish out of water, separated from the Lord, the mind and body perish; how can I live, without my Beloved?	ਜਦੋਂ ਮੱਛੀ ਪਾਣੀ ਤੋਂ ਵਿਛੁੜ ਜਾਂਦੀ ਹੈ, ਜਦੋਂ ਮੱਛੀ ਪਾਣੀ ਤੋਂ ਵਿਛੁੜ ਜਾਂਦੀ ਹੈ, ਪਾਣੀ ਤੋਂ ਵਿਛੁੜਿਆਂ ਉਸ ਦਾ ਮਨ ਉਸ ਦਾ ਸਰੀਰ ਲਿੱਸਾ ਹੋ ਜਾਂਦਾ ਹੈ। ਪਿਆਰੇ (ਪਾਣੀ) ਤੋਂ ਬਿਨਾ ਉਹ ਕਿਵੇਂ ਜੀਊ ਸਕਦੀ ਹੈ?
20865	462	ਸਨਮੁਖ ਸਹਿ ਬਾਨ ਸਨਮੁਖ ਸਹਿ ਬਾਨ ਹੇ ਮ੍ਰਿਗ ਅਰਪੇ ਮਨ ਤਨ ਪ੍ਰਾਨ ਹੇ ਓਹੁ ਬੇਧਿਓ ਸਹਜ ਸਰੋਤ॥	(ਸਨਮੁੱਖ) ਸਾਹਮਣੇ ਤੋਂ। (ਸਹਿ) ਸਹਾਰਦਾ। (ਬਾਨ) ਤੀਰ। ਘੰਟੇ ਹੇੜੇ ਦੇ ਸਬਦ (ਸਰੋਤ) ਧੁਨ ਚ	Sanamukh Sehi Baan Sanamukh Sehi Baan Hae Mrig Arapae Man Than Praan Hae Ouhu Baedhhiou Sehaj Saroth ||	Facing the arrow head-on - facing the arrow head-on, the deer surrenders his mind, body and breath of life; he is struck by the hunter's soothing music.	ਹਰਨ ਆਤਮਕ ਜੀਵਨ ਦੇਣ ਵਾਲੀ (ਘੰਡੇ ਹੇੜੇ ਦੀ ਆਵਾਜ਼) ਸੁਣ ਕੇ ਆਪਣਾ ਮਨ ਆਪਣਾ ਸਰੀਰ ਆਪਣੀ ਜਿੰਦ (ਸਭ ਕੁਝ ਉਸ ਮਿੱਠੀ ਸੁਰ ਤੋਂ) ਸਦਕੇ ਕਰ ਦੇਂਦਾ ਹੈ, ਸਿੱਧਾ ਮੂੰਹ ਉਤੇ ਉਹ (ਸ਼ਿਕਾਰੀ ਦਾ) ਤੀਰ ਸਹਾਰਦਾ ਹੈ, ਸਾਹਮਣੇ ਮੂੰਹ ਰੱਖ ਕੇ ਤੀਰ ਸਹਾਰਦਾ ਹੈ।

20866	462	ਪ੍ਰਿਅ ਪ੍ਰੀਤਿ ਲਾਗੀ ਮਿਲੁ ਬੈਰਾਗੀ ਖਿਨੁ ਰਹਨੁ ਧ੍ਰਿਗੁ ਤਨੁ ਤਿਸੁ ਬਿਨਾ॥		Pria Preeth Laagee Mil Bairaagee Khin Rehan Dhhrig Than This Binaa ||	I have enshrined love for my Beloved. In order to meet Him, I have become a renunciate. Cursed is that body which remains without Him, even for an instant.	ਹੇ ਪਿਆਰੇ! ਮੇਰੀ ਪ੍ਰੀਤਿ (ਤੇਰੇ ਚਰਨਾਂ ਵਿਚ) ਲੱਗ ਗਈ ਹੈ। (ਹੇ ਪ੍ਰਭੂ! ਮੈਨੂੰ) ਮਿਲ, ਮੇਰਾ ਚਿੱਤ (ਦੁਨੀਆ ਵਲੋਂ) ਉਦਾਸ ਹੈ। ਉਸ ਪਿਆਰੇ ਦੇ ਮਿਲਾਪ ਤੋਂ ਬਿਨਾ ਜੇ ਇਹ ਸਰੀਰ ਇਕ ਖਿਨ ਭੀ ਟਿਕਿਆ ਰਹਿ ਸਕੇ ਤਾਂ ਇਹ ਸਰੀਰ ਫਿਟਕਾਰ-ਜੋਗ ਹੈ।
20867	462	ਪਲਕਾ ਨ ਲਾਗੈ ਪ੍ਰਿਅ ਪ੍ਰੇਮ ਪਾਗੈ ਚਿਤਵੰਤਿ ਅਨ ਦਿਨੁ ਪ੍ਰਭ ਮਨਾ॥	(ਪਲਕਾ ਨ ਲਾਗੈ) ਨੀਂਦ ਨਹੀਂ ਆਉਂਦੀ। (ਪਾਗੈ) ਚਰਨਾਂ ਚ। (ਚਿਤਵੰਤਿ) ਯਾਦ ਕਰਦੇ	Palakaa N Laagai Pria Praem Paagai Chithavanth Anadhin Prabh Manaa ||	My eyelids do not close, for I am absorbed in the love of my Beloved. Day and night, my mind thinks only of God.	ਹੇ ਪਿਆਰੇ ਪ੍ਰਭੂ! ਮੈਨੂੰ ਨੀਂਦ ਨਹੀਂ ਪੈਂਦੀ, ਤੇਰੇ ਚਰਨਾਂ ਵਿਚ ਮੇਰੀ ਪ੍ਰੀਤ ਲੱਗੀ ਹੋਈ ਹੈ, ਮੇਰਾ ਮਨ ਹਰ ਵੇਲੇ ਤੈਨੂੰ ਹੀ ਚਿਤਾਰ ਰਿਹਾ ਹੈ।
20868	462	ਸ੍ਰੀਰੰਗ ਰਾਤੇ ਨਾਮ ਮਾਤੇ ਭੈ ਭਰਮ ਦੁਤੀਆ ਸਗਲ ਖੋਤ॥	(ਸ੍ਰੀਰੰਗ) (ਸ੍ਰੀ) ਸੋਭਾ ਵਾਲੇ (ਸ੍ਰੀ) ਸ਼੍ਰੋਮਣੀ (ਰੰਗ) ਅਨੰਦ ਸਰੂਪ ਵਾਹਿਗੁਰੂ। ਰੱਾਤੇ ।ਮੱਾਤੇ	Sreerang Raathae Naam Maathae Bhai Bharam Dhutheeaa Sagal Khoth ||	Attuned to the Lord, intoxicated with the Naam, fear, doubt and duality have all left me.	ਜੇਹੜੇ ਵਡ-ਭਾਗੀ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ ਜੇਹੜੇ ਉਸ ਦੇ ਨਾਮ ਵਿਚ ਮਸਤ ਹੋ ਜਾਂਦੇ ਹਨ, ਉਹ ਦੁਨੀਆ ਦੇ ਸਾਰੇ ਡਰ ਮਾਇਆ ਦੀ ਭਟਕਣਾ ਇਹ ਸਭ ਕੁਝ ਦੂਰ ਕਰ ਲੈਂਦੇ ਹਨ।

20869	462	ਕਰਿ ਮਇਆ ਦਇਆ ਦਇਆਲ ਪੂਰਨ ਹਰਿ ਪ੍ਰੇਮ ਨਾਨਕ ਮਗਨ ਹੋਤ॥੨॥		Kar Maeiaa Dhaeiaa Dhaeiaal Pooran Har Praem Naanak Magan Hoth ||2||	Bestow Your mercy and compassion, O merciful and perfect Lord, that Nanak may be intoxicated with Your Love. ||2||	ਹੇ ਨਾਨਕ! (ਆਖ-) ਹੇ ਸਰਬ-ਵਿਆਪਕ ਦਇਆਲ ਹਰੀ! ਮੇਰੇ ਉਤੇ ਮੇਹਰ ਕਰ, ਤਰਸ ਕਰ, ਮੈਂ ਸਦਾ ਤੇਰੇ ਪਿਆਰ ਵਿਚ ਮਸਤ ਰਹਾਂ ॥੨॥
20870	462	ਅਲੀ ਅਲ ਗੁੰਜਾਤ ਅਲੀ ਅਲ ਗੁੰਜਾਤ ਹੇ ਮਕਰੰਦ ਰਸ ਬਾਸਨ ਮਾਤ ਹੇ ਪ੍ਰੀਤਿ ਕਮਲ ਬੰਧਾਵਤ ਆਪ॥	(ਅਲੀ)ਭਉਰੀ। (ਅਲ)ਭਉਰਾ। ਫ਼ੁੱਲ ਦੀ (ਮਕਰੰਦ)ਧੂੜੀ। (ਮਾਤ)ਮਸਤ	Aleeal Gunjaath Aleeal Gunjaath Hae Makarandh Ras Baasan Maath Hae Preeth Kamal Bandhhaavath Aap ||	The bumble-bee is buzzing - the bumble-bee is buzzing, intoxicated with the honey, the flavor and the fragrance; because of its love for the lotus, it entangles itself.	(ਕੌਲ-ਫੁੱਲਾਂ ਦੇ ਦੁਆਲੇ) ਭੌਰੇ ਗੁੰਜਾਰ ਪਾਂਦੇ ਹਨ, ਭੌਰੇ ਨਿੱਤ ਗੁੰਜਾਰ ਪਾਂਦੇ ਹਨ, ਕੌਲ-ਫੁੱਲਾਂ ਦੀ ਧੂੜੀ ਦੇ ਰਸ ਦੀ ਸੁਗੰਧੀ ਵਿਚ ਮਸਤ ਹੁੰਦੇ ਹਨ, ਪ੍ਰੀਤੀ ਦੇ ਖਿੱਚੇ ਹੋਏ ਉਹ ਆਪਣੇ ਆਪ ਨੂੰ ਕੌਲ-ਫੁੱਲਾਂ ਵਿਚ ਬੰਨ੍ਹਾ ਲੈਂਦੇ ਹਨ।
20871	462	ਚਾਤ੍ਰਿਕ ਚਿਤ ਪਿਆਸ ਚਾਤ੍ਰਿਕ ਚਿਤ ਪਿਆਸ ਹੇ ਘਨ ਬੂੰਦ ਬਚਿਤ੍ਰਿ ਮਨਿ ਆਸ ਹੇ ਅਲ ਪੀਵਤ ਬਿਨਸਤ ਤਾਪ॥	(ਘਨ) ਬੱਦਲ। (ਬ-ਚਿੱਤ੍ਰਿ) ਅਸਚਰਜ	Chaathrik Chith Piaas Chaathrik Chith Piaas Hae Ghan Boondh Bachithr Man Aas Hae Al Peevath Binasath Thaap ||	The mind of the rainbird thirsts - the mind of the rainbird thirsts; its mind longs for the beautiful rain-drops from the clouds. Drinking them in, its fever departs.	(ਭਾਵੇਂ ਸਰ ਤੇ ਟੋਭੇ ਪਾਣੀ ਨਾਲ ਭਰੇ ਪਏ ਹਨ, ਪਰ) ਪਪੀਹੇ ਦੇ ਚਿੱਤ ਨੂੰ (ਬੱਦਲਾਂ ਦੀ ਬੂੰਦ ਦੀ) ਪਿਆਸ ਹੈ, ਪਪੀਹੇ ਦੇ ਚਿੱਤ ਨੂੰ (ਸਿਰਫ਼ ਬੱਦਲਾਂ ਦੀ ਬੂੰਦ ਦੀ) ਤ੍ਰੇਹ ਹੈ, ਉਸ ਦੇ ਮਨ ਵਿਚ ਬੱਦਲਾਂ ਦੀ ਬੂੰਦ ਦੀ ਹੀ ਤਾਂਘ ਹੈ। ਜਦੋਂ ਪਪੀਹਾ ਉਸ ਮਸਤ ਕਰਾ ਦੇਣ ਵਾਲੀ ਬੂੰਦ ਨੂੰ ਪੀਂਦਾ ਹੈ, ਤਾਂ ਉਸ ਦੀ ਤਪਸ਼ ਮਿਟਦੀ ਹੈ।

20872	462	ਤਾਪਾ ਬਿਨਾਸਨ ਦੂਖ ਨਾਸਨ ਮਿਲੁ ਪ੍ਰੇਮੁ ਮਨਿ ਤਨਿ ਅਤਿ ਘਨਾ॥		Thaapaa Binaasan Dhookh Naasan Mil Praem Man Than Ath Ghanaa ||	O Destroyer of fever, Remover of pain, please unite me with You. My mind and body have such great love for You.	ਹੇ ਜੀਵਾਂ ਦੇ ਦੁੱਖ-ਕਲੇਸ਼ ਨਾਸ ਕਰਨ ਵਾਲੇ! ਤਾਪ ਨਾਸ ਕਰਨ ਵਾਲੇ! (ਮੇਰੀ ਤੇਰੇ ਦਰ ਤੇ ਬੇਨਤੀ ਹੈ, ਮੈਨੂੰ) ਮਿਲ, ਮੇਰੇ ਮਨ ਵਿਚ ਮੇਰੇ ਹਿਰਦੇ ਵਿਚ (ਤੇਰੇ ਚਰਨਾਂ ਦਾ) ਬਹੁਤ ਡੂੰਘਾ ਪ੍ਰੇਮ ਹੈ।
20873	462	ਸੁੰਦਰੁ ਚਤੁਰੁ ਸੁਜਾਨ ਸੁਆਮੀ ਕਵਨ ਰਸਨਾ ਗੁਣ ਭਨਾ॥	(ਭਨਾ) ਉਚਾਰਾਂ।ਭਨਾ:ਪੋਲਾ ਬੋਲੋ	Sundhar Chathur Sujaan Suaamee Kavan Rasanaa Gun Bhanaa ||	O my beautiful, wise and all-knowing Lord and Master, with what tongue should I chant Your Praises?	ਤੂੰ ਮੇਰਾ ਸੋਹਣਾ ਚਤੁਰ ਸਿਆਣਾ ਮਾਲਕ ਹੈਂ। ਮੈਂ (ਆਪਣੀ) ਜੀਭ ਨਾਲ ਤੇਰੇ ਕੇਹੜੇ ਕੇਹੜੇ ਗੁਣ ਬਿਆਨ ਕਰਾਂ?
20874	462	ਗਹਿ ਭੁਜਾ ਲੇਵਹੁ ਨਾਮੁ ਦੇਵਹੁ ਦ੍ਰਿਸਟਿ ਧਾਰਤ ਮਿਟਤ ਪਾਪ॥		Gehi Bhujaa Laevahu Naam Dhaevahu Dhrisatt Dhhaarath Mittath Paap ||	Take me by the arm, and grant me Your Name. One who is blessed with Your Glance of Grace, has his sins erased.	ਹੇ ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਪਵਿਤ੍ਰ ਕਰਨ ਵਾਲੇ ਹਰੀ! ਮੈਨੂੰ ਬਾਹੋਂ ਫੜ ਕੇ ਆਪਣੀ ਚਰਨੀਂ ਲਾ ਲਵੋ, ਮੈਨੂੰ ਆਪਣਾ ਨਾਮ ਬਖ਼ਸ਼ੋ, ਤੇਰੀ ਨਿਗਾਹ ਮੇਰੇ ਉਤੇ ਪੈਂਦਿਆਂ ਹੀ ਮੇਰੇ ਸਾਰੇ ਪਾਪ ਮਿਟ ਜਾਂਦੇ ਹਨ।
20875	462	ਨਾਨਕੁ ਜੰਪੈ ਪਤਿਤ ਪਾਵਨ ਹਰਿ ਦਰਸੁ ਪੇਖਤ ਨਹ ਸੰਤਾਪ॥੩॥	(ਜੰਪੈ) ਬੇਨਤੀ ਕਰਦੇ। (ਸੰਤਾਪ) ਮਾਨਸਿਕ ਸਾੜਾ	Naanak Janpai Pathith Paavan Har Dharas Paekhath Neh Santhaap ||3||	Nanak meditates on the Lord, the Purifier of sinners; beholding His Vision, he suffers no more. ||3||	ਨਾਨਕ ਬੇਨਤੀ ਕਰਦਾ ਹੈ-ਹੇ ਹਰੀ! ਤੇਰਾ ਦਰਸਨ ਕੀਤਿਆਂ ਕੋਈ ਦੁੱਖ-ਕਲੇਸ਼ ਪੋਹ ਨਹੀਂ ਸਕਦਾ ॥੩॥

20876	462	ਚਿਤਵਉ ਚਿਤ ਨਾਥ ਚਿਤਵਉ ਚਿਤ ਨਾਥ ਹੇ ਰਖਿ ਲੇਵਹੁ ਸਰਣਿ ਅਨਾਥ ਹੇ ਮਿਲੁ ਚਾਉ ਚਾਈਲੇ ਪ੍ਰਾਨ॥	(ਚਾਈ-ਲੇ) ਪ੍ਰੇਮ ਭਰੇ ਕਾਹਲ਼ੇ। ਚਿਤ-ਵਉ	Chithavo Chith Naathh Chithavo Chith Naathh Hae Rakh Laevahu Saran Anaathh Hae Mil Chaao Chaaeelae Praan ||	I focus my consciousness on the Lord - I focus my consciousness upon the Lord; I am helpless - please, keep me under Your Protection. I yearn to meet You, my soul hungers for You.	ਹੇ ਮੇਰੇ ਖਸਮ-ਪ੍ਰਭੂ! ਮੈਂ ਚਿੱਤ (ਵਿਚ ਤੈਨੂੰ ਹੀ) ਚਿਤਾਰਦਾ ਹਾਂ, ਹੇ ਨਾਥ! ਮੈਂ ਚਿੱਤ ਵਿਚ ਤੈਨੂੰ ਹੀ ਯਾਦ ਕਰਦਾ ਹਾਂ। ਮੈਨੂੰ ਅਨਾਥ ਨੂੰ ਆਪਣੀ ਸਰਨ ਵਿਚ ਰੱਖ ਲੈ। (ਹੇ ਨਾਥ! ਮੈਨੂੰ) ਮਿਲ (ਤੈਨੂੰ ਮਿਲਣ ਲਈ ਮੇਰੇ ਅੰਦਰ) ਚਾਉ ਹੈ, ਮੇਰੀ ਜਿੰਦ ਤੇਰੇ ਦਰਸਨ ਲਈ ਉਤਸ਼ਾਹ ਵਿਚ ਆਈ ਹੋਈ ਹੈ।
20877	462	ਸੁੰਦਰ ਤਨ ਧਿਆਨ ਸੁੰਦਰ ਤਨ ਧਿਆਨ ਹੇ ਮਨੁ ਲੁਬਧ ਗੋਪਾਲ ਗਿਆਨ ਹੇ ਜਾਚਿਕ ਜਨ ਰਾਖਤ ਮਾਨ॥	(ਲੁਬਧ) ਲੁਭਾਇਮਾਨ	Sundhar Than Dhhiaan Sundhar Than Dhhiaan Hae Man Lubadhh Gopaal Giaan Hae Jaachik Jan Raakhath Maan ||	I meditate on Your beautiful body - I meditate on Your beautiful body; my mind is fascinated by Your spiritual wisdom, O Lord of the world. Please, preserve the honor of Your humble servants and beggars.	ਹੇ ਪ੍ਰਭੂ! ਤੇਰੇ ਸੋਹਣੇ ਸਰੂਪ ਵਿਚ ਮੇਰੀ ਸੁਰਤਿ ਜੁੜੀ ਹੋਈ ਹੈ, ਤੇਰੇ ਸੋਹਣੇ ਸਰੀਰ ਵਲ ਮੇਰਾ ਧਿਆਨ ਲੱਗਾ ਹੋਇਆ ਹੈ। ਹੇ ਗੋਪਾਲ! ਮੇਰਾ ਮਨ ਤੇਰੇ ਨਾਲ ਡੂੰਘੀ ਸਾਂਝ ਪਾਣ ਵਾਸਤੇ ਲਲਚਾ ਰਿਹਾ ਹੈ। ਤੂੰ ਉਹਨਾਂ (ਵਡ-ਭਾਗੀਆਂ) ਦਾ ਮਾਣ ਰੱਖਦਾ ਹੈਂ ਜੇਹੜੇ ਤੇਰੇ ਦਰ ਦੇ ਮੰਗਤੇ ਬਣਦੇ ਹਨ।
20878	462	ਪ੍ਰਭ ਮਾਨ ਪੂਰਨ ਦੁਖ ਬਿਦੀਰਨ ਸਗਲ ਇਛ ਪੁਜੰਤੀਆ॥	(ਬਿ-ਦੀਰਨ) ਕਟਣ ਵਾਲੇ। ਇੱਛ	Prabh Maan Pooran Dhukh Bidheeran Sagal Eishh Pujantheeaa ||	God bestows perfect honor and destroys pain; He has fulfilled all my desires.	ਹੇ ਪ੍ਰਭੂ! ਆਪਣੇ ਦਰ ਦੇ ਮੰਗਤਿਆਂ ਦਾ ਆਦਰ-ਮਾਣ ਕਰਦਾ ਹੈਂ, ਤੂੰ ਉਹਨਾਂ ਦੇ ਦੁੱਖਾਂ ਦਾ ਨਾਸ ਕਰਦਾ ਹੈਂ, (ਤੇਰੀ ਮੇਹਰ ਨਾਲ ਉਹਨਾਂ ਦੀਆਂ) ਸਾਰੀਆਂ ਮਨੋਕਾਮਨਾ ਪੂਰੀਆਂ ਹੋ ਜਾਂਦੀਆਂ ਹਨ।

20879	462	ਹਰਿ ਕੰਠਿ ਲਾਗੇ ਦਿਨ ਸਭਾਗੇ ਮਿਲਿ ਨਾਹ ਸੇਜ ਸੋਹੰਤੀਆ॥		Har Kanth Laagae Dhin Sabhaagae Mil Naah Saej Sohantheeaa ||	How very blessed was that day when the Lord embraced me; meeting my Husband Lord, my bed was beautified.	ਜੇਹੜੇ (ਵਡ-ਭਾਗੀ ਮਨੁੱਖ) ਪ੍ਰਭੂ-ਪਤੀ ਦੇ ਗਲ ਨਾਲ ਲੱਗਦੇ ਹਨ, ਉਹਨਾਂ (ਦੀ ਜ਼ਿੰਦਗੀ) ਦੇ ਦਿਨ ਭਾਗਾਂ ਵਾਲੇ ਹੋ ਜਾਂਦੇ ਹਨ, ਖਸਮ-ਪ੍ਰਭੂ ਨੂੰ ਮਿਲ ਕੇ ਉਹਨਾਂ ਦੇ ਹਿਰਦੇ ਦੀ ਸੇਜ ਸੋਹਣੀ ਬਣ ਜਾਂਦੀ ਹੈ।
20880	462	ਪ੍ਰਭ ਦ੍ਰਿਸਟਿ ਧਾਰੀ ਮਿਲੇ ਮੁਰਾਰੀ ਸਗਲ ਕਲਮਲ ਭਏ ਹਾਨ॥	(ਕਲਮਲ) ਪਾਪ। (ਹਾਨ) ਨਾਸ	Prabh Dhrisatt Dhhaaree Milae Muraaree Sagal Kalamal Bheae Haan ||	When God granted His Grace and met me, all my sins were erased.	ਜਿਨ੍ਹਾਂ ਉਤੇ ਪ੍ਰਭੂ ਮੇਹਰ ਦੀ ਨਿਗਾਹ ਕਰਦਾ ਹੈ, ਜਿਨ੍ਹਾਂ ਨੂੰ ਪਰਮਾਤਮਾ ਮਿਲ ਪੈਂਦਾ ਹੈ, ਉਹਨਾਂ ਦੇ (ਪਿਛਲੇ ਕੀਤੇ) ਸਾਰੇ ਪਾਪ ਨਾਸ ਹੋ ਜਾਂਦੇ ਹਨ।
20881	462	ਬਿਨਵੰਤਿ ਨਾਨਕ ਮੇਰੀ ਆਸ ਪੂਰਨ ਮਿਲੇ ਸ੍ਰੀਧਰ ਗੁਣ ਨਿਧਾਨ॥੪॥੧॥੧੪॥		Binavanth Naanak Maeree Aas Pooran Milae Sreedhhar Gun Nidhhaan ||4||1||14||	Prays Nanak, my hopes are fulfilled; I have met the Lord, the Lord of Lakshmi, the treasure of excellence. ||4||1||14||	ਨਾਨਕ ਬੇਨਤੀ ਕਰਦਾ ਹੈ (-ਹੇ ਭਾਈ!) ਲੱਛਮੀ-ਪਤੀ ਪ੍ਰਭੂ ਸਾਰੇ ਗੁਣਾਂ ਦਾ ਖ਼ਜ਼ਾਨਾ-ਪ੍ਰਭੂ ਮੈਨੂੰ ਮਿਲ ਪਿਆ ਹੈ, ਮੇਰੀ ਮਨ ਦੀ ਮੁਰਾਦ ਪੂਰੀ ਹੋ ਗਈ ਹੈ ॥੪॥੧॥੧੪॥

20882	462	੧ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sathinaam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ; ਜਿਸ ਦਾ ਨਾਮ 'ਹੋਂਦ ਵਾਲਾ' ਹੈ, ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ) ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
20883	462	ਆਸਾ ਮਹਲਾ ੧॥		Aasaa Mehalaa 1 ||	Aasaa, First Mehl:	ਰਾਗ ਆਸਾ ਵਿੱਚ ਗੁਰੂ ਨਾਨਕ ਜੀ ਦੀ ਬਾਣੀ। 'ਵਾਰ' ਸਲੋਕਾਂ ਸਮੇਤ, ਵਾਰ ਤੇ ਸਲੋਕ ਵੀ ਗੁਰੂ ਨਾਨਕ ਦੇ ਹਨ।
20884	462	ਵਾਰ ਸਲੋਕਾ ਨਾਲਿ ਸਲੋਕ ਭੀ ਮਹਲੇ ਪਹਿਲੇ ਕੇ ਲਿਖੇ ਟੁੰਡੇ ਅਸ ਰਾਜੈ ਕੀ ਧੁਨੀ॥		Vaar Salokaa Naal Salok Bhee Mehalae Pehilae Kae Likhae Ttunddae As Raajai Kee Dhhunee ||	Vaar With Shaloks, And Shaloks Written By The First Mehl. To Be Sung To The Tune Of 'Tunda-Asraajaa':	(ਇਹ ਵਾਰ) ਟੁੰਡੇ (ਰਾਜਾ) ਅਸਰਾਜ ਦੀ (ਵਾਰ ਦੀ) ਸੁਰ ਉਤੇ (ਗਾਉਣੀ ਹੈ)।
20885	462	ਸਲੋਕੁ ਮਃ ੧॥		Salok Ma 1 ||	Shalok, First Mehl:	

20886	462	ਬਲਿਹਾਰੀ ਗੁਰ ਆਪਣੇ ਦਿਉਹਾੜੀ ਸਦ ਵਾਰ॥	(ਦਿਉਹਾੜੀ) ਦਿਹਾੜੀ ਚ। (ਸਦ) ਸੈਂਕੜੇ	Balihaaree Gur Aapanae Dhiouhaarree Sadh Vaar ||	A hundred times a day, I am a sacrifice to my Guru;	ਮੈਂ ਆਪਣੇ ਗੁਰੂ ਤੋਂ (ਇਕ) ਦਿਨ ਵਿਚ ਸੌ ਵਾਰੀ ਸਦਕੇ ਹੁੰਦਾ ਹਾਂ,
20887	462	ਜਿਨਿ ਮਾਣਸ ਤੇ ਦੇਵਤੇ ਕੀਏ ਕਰਤ ਨ ਲਾਗੀ ਵਾਰ॥੧॥	(ਵਾਰ) ਦੇਰ	Jin Maanas Thae Dhaevathae Keeeae Karath N Laagee Vaar ||1||	He made angels out of men, without delay. ||1||	ਜਿਸ (ਗੁਰੂ) ਨੇ ਮਨੁੱਖਾਂ ਤੋਂ ਦੇਵਤੇ ਬਣਾ ਦਿੱਤੇ ਤੇ ਬਣਾਉਂਦਿਆਂ (ਰਤਾ) ਚਿਰ ਨਾਹ ਲੱਗਾ ॥੧॥
20888	463	ਮਹਲਾ ੨॥		Mehalaa 2 ||	Second Mehl:	
20889	463	ਜੇ ਸਉ ਚੰਦਾ ਉਗਵਹਿ ਸੂਰਜ ਚੜਹਿ ਹਜਾਰ॥		Jae So Chandhaa Ougavehi Sooraj Charrehi Hajaar ||	If a hundred moons were to rise, and a thousand suns appeared,	ਜੇ (ਇਕ) ਸੌ ਚੰਦ੍ਰਮਾ ਚੜ੍ਹਨ ਅਤੇ ਹਜ਼ਾਰ ਸੂਰਜ ਚੜ੍ਹਨ,
20890	463	ਏਤੇ ਚਾਨਣ ਹੋਦਿਆਂ ਗੁਰ ਬਿਨੁ ਘੋਰ ਅੰਧਾਰ॥੨॥		Eaethae Chaanan Hodhiaaan Gur Bin Ghor Andhhaar ||2||	Even with such light, there would still be pitch darkness without the Guru. ||2||	ਜੇ ਇਤਨੇ ਭੀ ਚਾਨਣ ਹੋ ਜਾਣ (ਭਾਵ, ਚਾਨਣ ਕਰਨ ਵਾਲੇ ਜੇ ਇਤਨੇ ਭੀ ਚੰਦ੍ਰਮਾ ਸੂਰਜ ਆਦਿਕ ਗ੍ਰਹਿ ਅਕਾਸ਼ ਵਿਚ ਚੜ੍ਹ ਪੈਣ), ਗੁਰੂ ਤੋਂ ਬਿਨਾ (ਫੇਰ ਭੀ) ਘੁੱਪ ਹਨੇਰਾ ਹੈ ॥੨॥
20891	463	ਮਃ ੧॥		Ma 1 ||	First Mehl:	

20892	463	ਨਾਨਕ ਗੁਰੂ ਨ ਚੇਤਨੀ ਮਨਿ ਆਪਣੈ ਸੁਚੇਤ॥	(ਸੁਚੇਤ) ਹੁਸ਼ਿਆਰ	Naanak Guroo N Chaethanee Man Aapanai Suchaeth ||	O Nanak, those who do not think of the Guru, and who think of themselves as clever,	ਹੇ ਨਾਨਕ! (ਜੋ ਮਨੁੱਖ) ਗੁਰੂ ਨੂੰ ਚੇਤੇ ਨਹੀਂ ਕਰਦੇ ਆਪਣੇ ਆਪ ਵਿਚ ਚਤਰ (ਬਣੇ ਹੋਏ) ਹਨ,
20893	463	ਛੁਟੇ ਤਿਲ ਬੂਆੜ ਜਿਉ ਸੁੰਞੇ ਅੰਦਰਿ ਖੇਤ॥	(ਬੂਆੜ) ਬਿਨਾ ਤਿਲਾਂ ਦੇ ਬੂਟਾ	Shhuttae Thil Booaarr Jio Sunnjae Andhar Khaeth ||	Shall be left abandoned in the field, like the scattered sesame.	ਉਹ ਇਉਂ ਹਨ ਜਿਵੇਂ ਕਿਸੇ ਸੁੰਞੀ ਪੈਲੀ ਵਿਚ ਅੰਦਰੋਂ ਸੜੇ ਤਿਲ ਨਿਖਸਮੇ ਪਏ ਹੋਏ ਹਨ।
20894	463	ਖੇਤੈ ਅੰਦਰਿ ਛੁਟਿਆ ਕਹੁ ਨਾਨਕ ਸਉ ਨਾਹ॥	(ਸਉ)ਮਾਲਕ, ਰੱਖਿਅਕ। (ਨਾਹ)ਨਹੀਂ	Khaethai Andhar Shhuttiaa Kahu Naanak So Naah ||	They are abandoned in the field, says Nanak, and they have a hundred masters to please.	ਹੇ ਨਾਨਕ! (ਬੇਸ਼ਕ) ਆਖ ਕਿ ਪੈਲੀ ਵਿਚ ਨਿਖਸਮੇ ਪਏ ਹੋਏ ਉਹਨਾਂ ਬੂਆੜ ਤਿਲਾਂ ਦੇ ਸੌ ਖਸਮ ਹਨ,
20895	463	ਫਲੀਅਹਿ ਫੁਲੀਅਹਿ ਬਪੁੜੇ ਭੀ ਤਨ ਵਿਚਿ ਸੁਆਹ॥੩॥	(ਬਪੁੜੇ) ਵਿਚਾਰੇ। ਫਲੀ-ਅਹਿ ਫੁੱਲੀ-ਅਹਿ	Faleeahi Fuleeahi Bapurrae Bhee Than Vich Suaah ||3||	The wretches bear fruit and flower, but within their bodies, they are filled with ashes. ||3||	ਉਹ ਵਿਚਾਰੇ ਫੁੱਲਦੇ ਭੀ ਹਨ (ਭਾਵ, ਉਹਨਾਂ ਨੂੰ ਫੁੱਲ ਭੀ ਲੱਗਦੇ ਹਨ), ਫਲਦੇ ਭੀ ਹਨ, ਫੇਰ ਭੀ ਉਹਨਾਂ ਦੇ ਤਨ ਵਿਚ (ਭਾਵ, ਉਹਨਾਂ ਦੀ ਫਲੀ ਵਿਚ ਤਿਲਾਂ ਦੀ ਥਾਂ) ਸੁਆਹ ਹੀ ਹੁੰਦੀ ਹੈ ॥੩॥
20896	463	ਪਉੜੀ॥		Pourree ||	Pauree:	
20897	463	ਆਪੀਨ੍ਹੈ ਆਪੁ ਸਾਜਿਓ ਆਪੀਨ੍ਹੈ ਰਚਿਓ ਨਾਉ॥		Aapeenhai Aap Saajiou Aapeenhai Rachiou Naao ||	He Himself created Himself; He Himself assumed His Name.	ਅਕਾਲ ਪੁਰਖ ਨੇ ਆਪ ਹੀ ਆਪਣੇ ਆਪ ਨੂੰ ਸਾਜਿਆ, ਅਤੇ ਆਪ ਹੀ ਆਪਣਾ ਨਾਮਣਾ ਬਣਾਇਆ।

20898	463	ਦੁਯੀ ਕੁਦਰਤਿ ਸਾਜੀਐ ਕਰਿ ਆਸਣੁ ਡਿਠੋ ਚਾਉ॥	(ਦੁ-ਯੀ)ਦੂਜੀ, ਯ ਤਾਲੂ ਤੋਂ ਬੋਲੋ	Dhuyee Kudharath Saajeeai Kar Aasan Dditho Chaao ||	Secondly, He fashioned the creation; seated within the creation, He beholds it with delight.	ਫਿਰ, ਉਸ ਨੇ ਕੁਦਰਤ ਰਚੀ (ਅਤੇ ਉਸ ਵਿਚ) ਆਸਣ ਜਮਾ ਕੇ, (ਭਾਵ, ਕੁਦਰਤ ਵਿਚ ਵਿਆਪਕ ਹੋ ਕੇ, ਇਸ ਜਗਤ ਦਾ) ਆਪ ਤਮਾਸ਼ਾ ਵੇਖਣ ਲੱਗ ਪਿਆ ਹੈ।
20899	463	ਦਾਤਾ ਕਰਤਾ ਆਪਿ ਤੂੰ ਤੁਸਿ ਦੇਵਹਿ ਕਰਹਿ ਪਸਾਉ॥	(ਪਸਾਉ) ਕ੍ਰਿਪਾ। ਤੁੱਸਿ	Dhaathaa Karathaa Aap Thoon Thus Dhaevehi Karehi Pasaao ||	You Yourself are the Giver and the Creator; by Your Pleasure, You bestow Your Mercy.	(ਹੇ ਪ੍ਰਭੂ!) ਤੂੰ ਆਪ ਹੀ (ਜੀਵਾਂ ਨੂੰ) ਦਾਤਾਂ ਦੇਣ ਵਾਲਾ ਹੈਂ ਅਤੇ ਆਪ ਹੀ (ਇਹਨਾਂ ਦੇ) ਸਾਜਣ ਵਾਲਾ ਹੈਂ। (ਤੂੰ ਆਪ ਹੀ ਤੁੱਠ ਕੇ (ਜੀਵਾਂ ਨੂੰ) ਦੇਂਦਾ ਹੈਂ ਅਤੇ ਬਖ਼ਸ਼ਸ਼ ਕਰਦਾ ਹੈਂ।
20900	463	ਤੂੰ ਜਾਣੋਈ ਸਭਸੈ ਦੇ ਲੈਸਹਿ ਜਿੰਦੁ ਕਵਾਉ॥	(ਕਵਾਉ)ਪੁਸ਼ਾਕ ਸ਼ੀਰ	Thoon Jaanoee Sabhasai Dhae Laisehi Jindh Kavaao ||	You are the Knower of all; You give life, and take it away again with a word.	ਤੂੰ ਸਭਨਾਂ ਜੀਆਂ ਦੀ ਜਾਣਨਹਾਰ ਹੈਂ। ਜਿੰਦ ਅਤੇ ਸਰੀਰ ਦੇ ਕੇ (ਤੂੰ ਆਪ ਹੀ) ਲੈ ਲਵੇਂਗਾ (ਭਾਵ, ਤੂੰ ਆਪ ਹੀ ਜਿੰਦ ਤੇ ਸਰੀਰ ਦੇਂਦਾ ਹੈਂ, ਆਪ ਹੀ ਮੁੜ ਲੈ ਲੈਂਦਾ ਹੈਂ)।
20901	463	ਕਰਿ ਆਸਣੁ ਡਿਠੋ ਚਾਉ॥੧॥		Kar Aasan Dditho Chaao ||1||	Seated within the creation, You behold it with delight. ||1||	ਤੂੰ (ਕੁਦਰਤ ਵਿਚ) ਆਸਣ ਜਮਾ ਕੇ ਤਮਾਸ਼ਾ ਵੇਖ ਰਿਹਾ ਹੈਂ ॥੧॥
20902	463	ਸਲੋਕੁ ਮਃ ੧॥		Salok Ma 1 ||	Shalok, First Mehl:	
20903	463	ਸਚੇ ਤੇਰੇ ਖੰਡ ਸਚੇ ਬ੍ਰਹਮੰਡ॥		Sachae Thaerae Khandd Sachae Brehamandd ||	True are Your worlds, True are Your solar Systems.	ਹੇ ਸੱਚੇ ਪਾਤਸ਼ਾਹ! ਤੇਰੇ (ਪੈਦਾ ਕੀਤੇ ਹੋਏ) ਖੰਡ ਤੇ ਬ੍ਰਹਿਮੰਡ ਸੱਚੇ ਹਨ (ਭਾਵ, ਖੰਡ ਤੇ ਬ੍ਰਹਿਮੰਡ ਸਾਜਣ ਵਾਲਾ ਤੇਰਾ ਇਹ ਸਿਲਸਿਲਾ ਸਦਾ ਲਈ ਅਟੱਲ ਹੈ)।

20904	463	ਸਚੇ ਤੇਰੇ ਲੋਅ ਸਚੇ ਆਕਾਰ॥		Sachae Thaerae Loa Sachae Aakaar ||	True are Your realms, True is Your creation.	ਤੇਰੇ (ਸਿਰਜੇ ਹੋਏ ਚੌਦਾਂ) ਲੋਕ ਤੇ (ਇਹ ਬੇਅੰਤ) ਆਕਾਰ ਭੀ ਸਦਾ-ਥਿਰ ਰਹਿਣ ਵਾਲੇ ਹਨ;
20905	463	ਸਚੇ ਤੇਰੇ ਕਰਣੇ ਸਰਬ ਬੀਚਾਰ॥		Sachae Thaerae Karanae Sarab Beechaar ||	True are Your actions, and all Your deliberations.	ਤੇਰੇ ਕੰਮ ਤੇ ਸਾਰੀਆਂ ਵਿਚਾਰਾਂ ਨਾਸ-ਰਹਿਤ ਹਨ।
20906	463	ਸਚਾ ਤੇਰਾ ਅਮਰੁ ਸਚਾ ਦੀਬਾਣੁ॥	(ਅਮਰੁ) ਰਾਜ, ਹੁਕਮ। (ਦੀਬਾਣੁ) ਦਰਬਾਰ, ਕਚਹਿਰੀ	Sachaa Thaeraa Amar Sachaa Dheebaan ||	True is Your Command, and True is Your Court.	ਹੇ ਪਾਤਸ਼ਾਹ! ਤੇਰੀ ਪਾਤਸ਼ਾਹੀ ਤੇ ਤੇਰਾ ਦਰਬਾਰ ਅਟੱਲ ਹਨ,
20907	463	ਸਚਾ ਤੇਰਾ ਹੁਕਮੁ ਸਚਾ ਫੁਰਮਾਣੁ॥	(ਫੁਰਮਾਣੁ) ਹੁਕਮਨਾਮਾ	Sachaa Thaeraa Hukam Sachaa Furamaan ||	True is the Command of Your Will, True is Your Order.	ਤੇਰਾ ਹੁਕਮ ਤੇ ਤੇਰਾ (ਸ਼ਾਹੀ) ਫੁਰਮਾਨ ਭੀ ਅਟੱਲ ਹਨ।
20908	463	ਸਚਾ ਤੇਰਾ ਕਰਮੁ ਸਚਾ ਨੀਸਾਣੁ॥	(ਕਰਮੁ) ਬਖ਼ਸ਼ਸ਼	Sachaa Thaeraa Karam Sachaa Neesaan ||	True is Your Mercy, True is Your Insignia.	ਤੇਰੀ ਬਖ਼ਸ਼ਸ਼ ਸਦਾ ਲਈ ਥਿਰ ਹੈ ਤੇ ਤੇਰੀਆਂ ਬਖ਼ਸ਼ਸ਼ਾਂ ਦਾ ਨਿਸ਼ਾਨ ਭੀ (ਭਾਵ, ਇਹ ਬੇਅੰਤ ਪਦਾਰਥ ਜੋ ਤੂੰ ਜੀਆਂ ਨੂੰ ਦੇ ਰਿਹਾ ਹੈਂ) ਸਦਾ ਵਾਸਤੇ ਕਾਇਮ ਹੈ।
20909	463	ਸਚੇ ਤੁਧੁ ਆਖਹਿ ਲਖ ਕਰੋੜਿ॥	ਲੱਖ	Sachae Thudhh Aakhehi Lakh Karorr ||	Hundreds of thousands and millions call You True.	ਲੱਖਾਂ ਕਰੋੜਾਂ ਜੀਵ, ਜੋ ਤੈਨੂੰ ਸਿਮਰ ਰਹੇ ਹਨ, ਸੱਚੇ ਹਨ (ਭਾਵ, ਬੇਅੰਤ ਜੀਵਾਂ ਦਾ ਤੈਨੂੰ ਸਿਮਰਨਾ-ਇਹ ਭੀ ਤੇਰਾ ਇਕ ਅਜਿਹਾ ਚਲਾਇਆ ਹੋਇਆ ਕੰਮ ਹੈ ਜੋ ਸਦਾ ਲਈ ਥਿਰ ਹੈ)।

20910	463	ਸਚੈ ਸਭਿ ਤਾਣਿ ਸਚੈ ਸਭਿ ਜੋਰਿ॥		Sachai Sabh Thaan Sachai Sabh Jor ||	In the True Lord is all power, in the True Lord is all might.	(ਇਹ ਖੰਡ, ਬ੍ਰਹਿਮੰਡ, ਲੋਕ, ਆਕਾਰ, ਜੀਅ ਜੰਤ ਆਦਿਕ) ਸਾਰੇ ਹੀ ਸੱਚੇ ਹਰੀ ਦੇ ਤਾਣ ਤੇ ਜ਼ੋਰ ਵਿਚ ਹਨ (ਭਾਵ, ਇਹਨਾਂ ਸਭਨਾਂ ਦੀ ਹਸਤੀ, ਸਭਨਾਂ ਦਾ ਆਸਰਾ ਪ੍ਰਭੂ ਆਪ ਹੈ)।
20911	463	ਸਚੀ ਤੇਰੀ ਸਿਫਤਿ ਸਚੀ ਸਾਲਾਹ॥		Sachee Thaeree Sifath Sachee Saalaah ||	True is Your Praise, True is Your Adoration.	ਤੇਰੀ ਸਿਫ਼ਤਿ-ਸਾਲਾਹ ਕਰਨੀ ਤੇਰਾ ਇਕ ਅਟੱਲ ਸਿਲਸਿਲਾ ਹੈ;
20912	463	ਸਚੀ ਤੇਰੀ ਕੁਦਰਤਿ ਸਚੇ ਪਾਤਿਸਾਹ॥		Sachee Thaeree Kudharath Sachae Paathisaah ||	True is Your almighty creative power, True King.	ਹੇ ਸੱਚੇ ਪਾਤਿਸ਼ਾਹ! ਇਹ ਸਾਰੀ ਰਚਨਾ ਹੀ ਤੇਰਾ ਇਕ ਨਾ ਮੁੱਕਣ ਵਾਲਾ ਪਰਬੰਧ ਹੈ।
20913	463	ਨਾਨਕ ਸਚੁ ਧਿਆਇਨਿ ਸਚੁ॥		Naanak Sach Dhhiaaein Sach ||	O Nanak, true are those who meditate on the True One.	ਹੇ ਨਾਨਕ! ਜੋ ਜੀਵ ਉਸ ਅਬਿਨਾਸ਼ੀ ਪ੍ਰਭੂ ਨੂੰ ਸਿਮਰਦੇ ਹਨ, ਉਹ ਭੀ ਉਸ ਦਾ ਰੂਪ ਹਨ;
20914	463	ਜੋ ਮਰਿ ਜੰਮੇ ਸੁ ਕਚੁਨਿ ਕਚੁ॥੧॥	(ਕੱਚੁਨਿ)ਕੱਚਿਆਂ ਤੋਂ (ਕੱਚੁ) ਕੱਚੇ ਹਨ	Jo Mar Janmae S Kach Nikach ||1||	Those who are subject to birth and death are totally false. ||1||	ਪਰ ਜੋ ਜੰਮਣ ਮਰਨ ਦੇ ਗੇੜ ਵਿਚ ਪਏ ਹਨ, ਉਹ (ਅਜੇ) ਬਿਲਕੁਲ ਕੱਚੇ ਹਨ (ਭਾਵ, ਉਸ ਅਸਲ ਜੋਤ ਦਾ ਰੂਪ ਨਹੀਂ ਹੋਏ) ॥੧॥
20915	463	ਮਃ ੧॥	(ਜਾ) ਜਿਸਦਾ	Ma 1 ||	First Mehl:	
20916	463	ਵਡੀ ਵਡਿਆਈ ਜਾ ਵਡਾ ਨਾਉ॥		Vaddee Vaddiaaee Jaa Vaddaa Naao ||	Great is His greatness, as great as His Name.	ਉਸ ਪ੍ਰਭੂ ਦੀ ਸਿਫ਼ਤਿ ਕੀਤੀ ਨਹੀਂ ਜਾ ਸਕਦੀ ਜਿਸ ਦਾ ਨਾਮਣਾ ਵੱਡਾ ਹੈ।

20917	463	ਵਡੀ ਵਡਿਆਈ ਜਾ ਸਚੁ ਨਿਆਉ॥		Vaddee Vaddiaaee Jaa Sach Niaao ||	Great is His greatness, as True is His justice.	ਪ੍ਰਭੂ ਦਾ ਇਹ ਇਕ ਵੱਡਾ ਗੁਣ ਹੈ ਕਿ ਉਸ ਦਾ ਨਾਉਂ (ਸਦਾ) ਅਟੱਲ ਹੈ।
20918	463	ਵਡੀ ਵਡਿਆਈ ਜਾ ਨਿਹਚਲ ਥਾਉ॥		Vaddee Vaddiaaee Jaa Nihachal Thhaao ||	Great is His greatness, as permanent as His Throne.	ਉਸ ਦੀ ਇਹ ਇਕ ਵੱਡੀ ਸਿਫ਼ਤ ਹੈ ਕਿ ਉਸ ਦਾ ਆਸਣ ਅਡੋਲ ਹੈ।
20919	463	ਵਡੀ ਵਡਿਆਈ ਜਾਣੈ ਆਲਾਉ॥	(ਆਲਾਉ) ਆਖਿਆ ਹੋਇਆ	Vaddee Vaddiaaee Jaanai Aalaao ||	Great is His greatness, as He knows our utterances.	ਪ੍ਰਭੂ ਦੀ ਇਹ ਇਕ ਬੜੀ ਵਡਿਆਈ ਹੈ ਕਿ ਉਹ ਸਾਰੇ ਜੀਵਾਂ ਦੀਆਂ ਅਰਦਾਸਾਂ ਨੂੰ ਜਾਣਦਾ ਹੈ,
20920	463	ਵਡੀ ਵਡਿਆਈ ਬੁਝੈ ਸਭਿ ਭਾਉ॥	ਬੁੱਝੈ	Vaddee Vaddiaaee Bujhai Sabh Bhaao ||	Great is His greatness, as He understands all our affections.	ਅਤੇ ਸਾਰਿਆਂ ਦੇ ਦਿਲਾਂ ਦੇ ਵਲਵਲਿਆਂ ਨੂੰ ਸਮਝਦਾ ਹੈ।
20921	463	ਵਡੀ ਵਡਿਆਈ ਜਾ ਪੁਛਿ ਨ ਦਾਤਿ॥	ਪੁੱਛਿ ਕੇ ਦਾਤਿ ਨਹੀਂ ਦਿੰਦੇ, ਦਾਤਿ ਦੇ ਕੇ ਪੁੱਛਦੇ ਭੀ ਨਹੀਂ	Vaddee Vaddiaaee Jaa Pushh N Dhaath ||	Great is His greatness, as He gives without being asked.	ਰੱਬ ਦੀ ਇਹ ਇਕ ਉੱਚੀ ਸਿਫ਼ਤ ਹੈ ਕਿ ਕਿਸੇ ਦੀ ਸਲਾਹ ਲੈ ਕੇ (ਜੀਵਾਂ ਨੂੰ) ਦਾਤਾਂ ਨਹੀਂ ਦੇ ਰਿਹਾ,
20922	463	ਵਡੀ ਵਡਿਆਈ ਜਾ ਆਪੇ ਆਪਿ॥		Vaddee Vaddiaaee Jaa Aapae Aap ||	Great is His greatness, as He Himself is all-in-all.	(ਆਪਣੇ ਆਪ ਬੇਅੰਤ ਦਾਤਾਂ ਬਖ਼ਸ਼ਦਾ ਹੈ) (ਕਿਉਂਕਿ) ਉਸ ਵਰਗਾ ਹੋਰ ਕੋਈ ਨਹੀਂ ਹੈ।
20923	463	ਨਾਨਕ ਕਾਰ ਨ ਕਥਨੀ ਜਾਇ॥		Naanak Kaar N Kathhanee Jaae ||	O Nanak, His actions cannot be described.	ਹੇ ਨਾਨਕ! ਰੱਬ ਦੀ ਕੁਦਰਤਿ ਬਿਆਨ ਨਹੀਂ ਕੀਤੀ ਜਾ ਸਕਦੀ,

20924	463	ਕੀਤਾ ਕਰਣਾ ਸਰਬ ਰਜਾਇ॥੨॥		Keethaa Karanaa Sarab Rajaae ||2||	Whatever He has done, or will do, is all by His Own Will. ||2||	ਸਾਰੀ ਰਚਨਾ ਉਸ ਆਪਣੇ ਹੁਕਮ ਵਿਚ ਰਚੀ ਹੈ ॥੨॥
20925	463	ਮਹਲਾ ੨॥		Mehalaa 2 ||	Second Mehl:	
20926	463	ਇਹੁ ਜਗੁ ਸਚੈ ਕੀ ਹੈ ਕੋਠੜੀ ਸਚੇ ਕਾ ਵਿਚਿ ਵਾਸੁ॥		Eihu Jag Sachai Kee Hai Kotharree Sachae Kaa Vich Vaas ||	This world is the room of the True Lord; within it is the dwelling of the True Lord.	ਇਹ ਜਗਤ ਪ੍ਰਭੂ ਦੇ ਰਹਿਣ ਦੀ ਥਾਂ ਹੈ, ਪ੍ਰਭੂ ਇਸ ਵਿਚ ਵੱਸ ਰਿਹਾ ਹੈ।
20927	463	ਇਕਨ੍ਹਾ ਹੁਕਮਿ ਸਮਾਇ ਲਏ ਇਕਨ੍ਹਾ ਹੁਕਮੇ ਕਰੇ ਵਿਣਾਸੁ॥	(ਵਿਣਾਸੁ) ਨਾਸ	Eikanhaa Hukam Samaae Leae Eikanhaa Hukamae Karae Vinaas ||	By His Command, some are merged into Him, and some, by His Command, are destroyed.	ਕਈ ਜੀਵਾਂ ਨੂੰ ਆਪਣੇ ਹੁਕਮ ਅਨੁਸਾਰ (ਇਸ ਸੰਸਾਰ-ਸਾਗਰ ਵਿਚੋਂ ਬਚਾ ਕੇ) ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ਅਤੇ ਕਈ ਜੀਵਾਂ ਨੂੰ ਆਪਣੇ ਹੁਕਮ ਅਨੁਸਾਰ ਹੀ ਇਸੇ ਵਿਚ ਡੋਬ ਦੇਂਦਾ ਹੈ।
20928	463	ਇਕਨ੍ਹਾ ਭਾਣੈ ਕਢਿ ਲਏ ਇਕਨ੍ਹਾ ਮਾਇਆ ਵਿਚਿ ਨਿਵਾਸੁ॥		Eikanhaa Bhaanai Kadt Leae Eikanhaa Maaeiaa Vich Nivaas ||	Some, by the Pleasure of His Will, are lifted up out of Maya, while others are made to dwell within it.	ਕਈ ਜੀਵਾਂ ਨੂੰ ਆਪਣੀ ਰਜ਼ਾ ਅਨੁਸਾਰ ਮਾਇਆ ਦੇ ਮੋਹ ਵਿਚੋਂ ਕੱਢ ਲੈਂਦਾ ਹੈ, ਕਈਆਂ ਨੂੰ ਇਸੇ ਵਿਚ ਫਸਾਈ ਰੱਖਦਾ ਹੈ।
20929	463	ਏਵ ਭਿ ਆਖਿ ਨ ਜਾਪਈ ਜਿ ਕਿਸੈ ਆਣੇ ਰਾਸਿ॥		Eaev Bh Aakh N Jaapee J Kisai Aanae Raas ||	No one can say who will be rescued.	ਇਹ ਗੱਲ ਭੀ ਦੱਸੀ ਨਹੀਂ ਜਾ ਸਕਦੀ ਕਿ ਰੱਬ ਕਿਸ ਦਾ ਬੇੜਾ ਪਾਰ ਕਰਦਾ ਹੈ।

20930	463	ਨਾਨਕ ਗੁਰਮੁਖਿ ਜਾਣੀਐ ਜਾ ਕਉ ਆਪਿ ਕਰੇ ਪਰਗਾਸੁ॥੩॥		Naanak Guramukh Jaaneeai Jaa Ko Aap Karae Paragaas ||3||	O Nanak, he alone is known as Gurmukh, unto whom the Lord reveals Himself. ||3||	ਹੇ ਨਾਨਕ! ਜਿਸ (ਵਡਭਾਗੀ) ਮਨੁੱਖ ਨੂੰ ਚਾਨਣ ਬਖ਼ਸ਼ਦਾ ਹੈ, ਉਸ ਨੂੰ ਗੁਰੂ ਦੀ ਰਾਹੀਂ ਸਮਝ ਪੈ ਜਾਂਦੀ ਹੈ ॥੩॥
20931	463	ਪਉੜੀ॥		Pourree ||	Pauree:	
20932	463	ਨਾਨਕ ਜੀਅ ਉਪਾਇ ਕੈ ਲਿਖਿ ਨਾਵੈ ਧਰਮੁ ਬਹਾਲਿਆ॥		Naanak Jeea Oupaae Kai Likh Naavai Dhharam Behaaliaa ||	O Nanak, having created the souls, the Lord installed the Righteous Judge of Dharma to read and record their accounts.	ਹੇ ਨਾਨਕ! ਜੀਵਾਂ ਨੂੰ ਪੈਦਾ ਕਰ ਕੇ ਪਰਮਾਤਮਾ ਨੇ ਧਰਮ-ਰਾਜ ਨੂੰ (ਉਹਨਾਂ ਦੇ ਸਿਰ ਤੇ) ਮੁਕੱਰਰ ਕੀਤਾ ਹੋਇਆ ਹੈ ਕਿ ਜੀਵਾਂ ਦੇ ਕੀਤੇ ਕਰਮਾਂ ਦਾ ਲੇਖਾ ਲਿਖਦਾ ਰਹੇ।
20933	463	ਓਥੈ ਸਚੇ ਹੀ ਸਚਿ ਨਿਬੜੈ ਚੁਣਿ ਵਖਿ ਕਢੇ ਜਜਮਾਲਿਆ॥	(ਜਜ) ਪੂਜਾ (ਮਾਲਿਆ) ਮਾਲ ਧਾਨ ਖਾ ਕੇ, ਹਰਾਮ ਕਰਨ ਵਾਲੇ। ਜਜ-ਮਾਲਿਆ: ਜਜ ਪੋਲਾ ਬੋਲੋ, ਮੱਾਲਿਆ	Outhhai Sachae Hee Sach Nibarrai Chun Vakh Kadtae Jajamaaliaa ||	There, only the Truth is judged true; the sinners are picked out and separated.	ਧਰਮ-ਰਾਜ ਦੀ ਕਚਹਿਰੀ ਵਿਚ ਨਿਰੋਲ ਸੱਚ ਦੁਆਰਾ (ਜੀਵਾਂ ਦੇ ਕਰਮਾਂ ਦਾ) ਨਿਬੇੜਾ ਹੁੰਦਾ ਹੈ (ਭਾਵ, ਓਥੇ ਨਿਬੇੜੇ ਦਾ ਮਾਪ 'ਨਿਰੋਲ ਸਚੁ' ਹੈ, ਜਿਨ੍ਹਾਂ ਦੇ ਪੱਲੇ 'ਸਚੁ' ਹੁੰਦਾ ਹੈ ਉਹਨਾਂ ਨੂੰ ਆਦਰ ਮਿਲਦਾ ਹੈ ਤੇ) ਮੰਦ-ਕਰਮੀ ਜੀਵ ਚੁਣ ਕੇ ਵੱਖਰੇ ਕੀਤੇ ਜਾਂਦੇ ਹਨ।
20934	463	ਥਾਉ ਨ ਪਾਇਨਿ ਕੂੜਿਆਰ ਮੁਹ ਕਾਲੈ ਦੋਜਕਿ ਚਾਲਿਆ॥	(ਦੋਜਕਿ) ਨਰਕ ਚ	Thhaao N Paaein Koorriaar Muh Kaalhai Dhojak Chaaliaa ||	The false find no place there, and they go to hell with their faces blackened.	ਕੂੜ ਠੱਗੀ ਕਰਨ ਵਾਲੇ ਜੀਵਾਂ ਨੂੰ ਓਥੇ ਟਿਕਾਣਾ ਨਹੀਂ ਮਿਲਦਾ; ਕਾਲਾ ਮੂੰਹ ਕਰ ਕੇ ਉਹਨਾਂ ਨੂੰ ਦੋਜ਼ਕ ਵਿਚ ਧੱਕਿਆ ਜਾਂਦਾ ਹੈ।

20935	463	ਤੇਰੈ ਨਾਇ ਰਤੇ ਸੇ ਜਿਣਿ ਗਏ ਹਾਰਿ ਗਏ ਸਿ ਠਗਣ ਵਾਲਿਆ॥	(ਜਿਣਿ) ਜਿੱਤ। ਠੱਗਣ	Thaerai Naae Rathae Sae Jin Geae Haar Geae S Thagan Vaaliaa ||	Those who are imbued with Your Name win, while the cheaters lose.	(ਹੇ ਪ੍ਰਭੂ!) ਜੋ ਮਨੁੱਖ ਤੇਰੇ ਨਾਮ ਵਿਚ ਰੰਗੇ ਹੋਏ ਹਨ, ਉਹ (ਏਥੋਂ) ਬਾਜ਼ੀ ਜਿੱਤ ਕੇ ਜਾਂਦੇ ਹਨ ਤੇ ਠੱਗੀ ਕਰਨ ਵਾਲੇ ਬੰਦੇ (ਮਨੁੱਖਾ ਜਨਮ ਦੀ ਬਾਜ਼ੀ) ਹਾਰ ਕੇ ਜਾਂਦੇ ਹਨ।
20936	463	ਲਿਖਿ ਨਾਵੈ ਧਰਮੁ ਬਹਾਲਿਆ॥੨॥		Likh Naavai Dhharam Behaaliaa ||2||	The Lord installed the Righteous Judge of Dharma to read and record the accounts. ||2||	(ਤੂੰ, ਹੇ ਪ੍ਰਭੂ!) ਧਰਮ-ਰਾਜ ਨੂੰ (ਜੀਵਾਂ ਦੇ ਕੀਤੇ ਕਰਮਾਂ ਦਾ) ਲੇਖਾ ਲਿਖਣ ਵਾਸਤੇ (ਉਹਨਾਂ ਦੇ ਉੱਤੇ) ਮੁਕੱਰਰ ਕੀਤਾ ਹੋਇਆ ਹੈ ॥੨॥
20937	463	ਸਲੋਕ ਮਃ ੧॥		Salok Ma 1 ||	Shalok, First Mehl:	
20938	463	ਵਿਸਮਾਦੁ ਨਾਦ ਵਿਸਮਾਦੁ ਵੇਦ॥		Visamaadh Naadh Visamaadh Vaedh ||	Wonderful is the sound current of the Naad, wonderful is the knowledge of the Vedas.	ਕਈ ਨਾਦ ਤੇ ਕਈ ਵੇਦ;
20939	463	ਵਿਸਮਾਦੁ ਜੀਅ ਵਿਸਮਾਦੁ ਭੇਦ॥		Visamaadh Jeea Visamaadh Bhaedh ||	Wonderful are the beings, wonderful are the species.	ਬੇਅੰਤ ਜੀਵ ਤੇ ਜੀਵਾਂ ਦੇ ਕਈ ਭੇਦ;
20940	463	ਵਿਸਮਾਦੁ ਰੂਪ ਵਿਸਮਾਦੁ ਰੰਗ॥		Visamaadh Roop Visamaadh Rang ||	Wonderful are the forms, wonderful are the colors.	ਜੀਵਾਂ ਦੇ ਤੇ ਹੋਰ ਪਦਾਰਥਾਂ ਦੇ ਕਈ ਰੂਪ ਤੇ ਕਈ ਰੰਗ
20941	463	ਵਿਸਮਾਦੁ ਨਾਗੇ ਫਿਰਹਿ ਜੰਤ॥	ਨਾਂਗੇ	Visamaadh Naagae Firehi Janth ||	Wonderful are the beings who wander around naked.	ਕਈ ਜੰਤ (ਸਦਾ) ਨੰਗੇ ਹੀ ਫਿਰ ਰਹੇ ਹਨ; ਇਹ ਸਭ ਕੁਝ ਵੇਖ ਕੇ ਵਿਸਮਾਦ ਅਵਸਥਾ ਬਣ ਰਹੀ ਹੈ।

20942	464	ਵਿਸਮਾਦੁ ਪਉਣੁ ਵਿਸਮਾਦੁ ਪਾਣੀ॥		Visamaadh Poun Visamaadh Paanee ||	Wonderful is the wind, wonderful is the water.	ਕਿਤੇ ਪਉਣ ਹੈ ਅਤੇ ਕਿਤੇ ਪਾਣੀ ਹੈ,
20943	464	ਵਿਸਮਾਦੁ ਅਗਨੀ ਖੇਡਹਿ ਵਿਡਾਣੀ॥		Visamaadh Aganee Khaeddehi Viddaanee ||	Wonderful is fire, which works wonders.	ਕਿਤੇ ਕਈ ਅਗਨੀਆਂ ਅਚਰਜ ਖੇਡਾਂ ਕਰ ਰਹੀਆਂ ਹਨ;
20944	464	ਵਿਸਮਾਦੁ ਧਰਤੀ ਵਿਸਮਾਦੁ ਖਾਣੀ॥		Visamaadh Dhharathee Visamaadh Khaanee ||	Wonderful is the earth, wonderful the sources of creation.	ਧਰਤੀ ਤੇ ਧਰਤੀ ਦੇ ਜੀਵਾਂ ਦੀ ਉਤਪੱਤੀ ਦੀਆਂ ਚਾਰ ਖਾਣੀਆਂ
20945	464	ਵਿਸਮਾਦੁ ਸਾਦਿ ਲਗਹਿ ਪਰਾਣੀ॥		Visamaadh Saadh Lagehi Paraanee ||	Wonderful are the tastes to which mortals are attached.	ਜੀਵ ਪਦਾਰਥਾਂ ਦੇ ਸੁਆਦ ਵਿਚ ਲੱਗ ਰਹੇ ਹਨ; ਇਹ ਕੁਦਰਤ ਵੇਖ ਕੇ ਮਨ ਵਿਚ ਥੱਰਾਹਟ ਪੈਦਾ ਹੋ ਰਹੀ ਹੈ।
20946	464	ਵਿਸਮਾਦੁ ਸੰਜੋਗੁ ਵਿਸਮਾਦੁ ਵਿਜੋਗੁ॥		Visamaadh Sanjog Visamaadh Vijog ||	Wonderful is union, and wonderful is separation.	ਕਿਤੇ ਜੀਵਾਂ ਦਾ ਮੇਲ ਹੈ, ਕਿਤੇ ਵਿਛੋੜਾ ਹੈ;
20947	464	ਵਿਸਮਾਦੁ ਭੁਖ ਵਿਸਮਾਦੁ ਭੋਗੁ॥		Visamaadh Bhukh Visamaadh Bhog ||	Wonderful is hunger, wonderful is satisfaction.	ਕਿਤੇ ਭੁੱਖ (ਸਤਾ ਰਹੀ ਹੈ), ਕਿਤੇ ਪਦਾਰਥਾਂ ਦਾ ਭੋਗ ਹੈ (ਭਾਵ, ਕਿਤੇ ਕਈ ਪਦਾਰਥ ਛਕੇ ਜਾ ਰਹੇ ਹਨ),
20948	464	ਵਿਸਮਾਦੁ ਸਿਫਤਿ ਵਿਸਮਾਦੁ ਸਾਲਾਹ॥		Visamaadh Sifath Visamaadh Saalaah ||	Wonderful is His Praise, wonderful is His adoration.	ਕਿਤੇ (ਕੁਦਰਤ ਦੇ ਮਾਲਕ ਦੀ) ਸਿਫ਼ਤਿ-ਸਾਲਾਹ ਹੋ ਰਹੀ ਹੈ,

20949	464	ਵਿਸਮਾਦੁ ਉਝੜ ਵਿਸਮਾਦੁ ਰਾਹ॥	ਉੱਝੜ	Visamaadh Oujharr Visamaadh Raah ||	Wonderful is the wilderness, wonderful is the path.	ਕਿਤੇ ਔਝੜ ਹੈ, ਕਿਤੇ ਰਸਤੇ ਹਨ-ਇਹ ਅਚਰਜ ਖੇਡ ਵੇਖ ਕੇ ਮਨ ਵਿਚ ਹੈਰਤ ਹੋ ਰਹੀ ਹੈ।
20950	464	ਵਿਸਮਾਦੁ ਨੇੜੈ ਵਿਸਮਾਦੁ ਦੂਰਿ॥		Visamaadh Naerrai Visamaadh Dhoor ||	Wonderful is closeness, wonderful is distance.	(ਕੋਈ ਆਖਦਾ ਹੈ ਰੱਬ) ਨੇੜੇ ਹੈ (ਕੋਈ ਆਖਦਾ ਹੈ) ਦੂਰ ਹੈ;
20951	464	ਵਿਸਮਾਦੁ ਦੇਖੈ ਹਾਜਰਾ ਹਜੂਰਿ॥		Visamaadh Dhaekhai Haajaraa Hajoor ||	How wonderful to behold the Lord, ever-present here.	(ਕੋਈ ਆਖਦਾ ਹੈ ਕਿ) ਸਭ ਥਾਈਂ ਵਿਆਪਕ ਹੋ ਕੇ ਜੀਵਾਂ ਦੀ ਸੰਭਾਲ ਕਰ ਰਿਹਾ ਹੈ-ਇਸ ਅਚਰਜ ਕੌਤਕ ਨੂੰ ਤੱਕ ਕੇ ਝਰਨਾਟ ਛਿੜ ਰਹੀ ਹੈ।
20952	464	ਵੇਖਿ ਵਿਡਾਣੁ ਰਹਿਆ ਵਿਸਮਾਦੁ॥	(ਵਿਡਾਣੁ) ਅਸਚਰਜਤਾ	Vaekh Viddaan Rehiaa Visamaadh ||	Beholding His wonders, I am wonder-struck.	(ਰੱਬ ਦੀ) ਅਚਰਜ ਕੁਦਰਤ ਨੂੰ ਵੇਖ ਕੇ ਮਨ ਵਿਚ ਕਾਂਬਾ ਜਿਹਾ ਛਿੜ ਰਿਹਾ ਹੈ।
20953	464	ਨਾਨਕ ਬੁਝਣੁ ਪੂਰੈ ਭਾਗਿ॥੧॥	ਬੁੱਝਣੁ	Naanak Bujhan Poorai Bhaag ||1||	O Nanak, those who understand this are blessed with perfect destiny. ||1||	ਹੇ ਨਾਨਕ! ਇਸ ਇਲਾਹੀ ਤਮਾਸ਼ੇ ਨੂੰ ਵੱਡੇ ਭਾਗਾਂ ਨਾਲ ਸਮਝਿਆ ਜਾ ਸਕਦਾ ਹੈ ॥੧॥
20954	464	ਮਃ ੧॥		Ma 1 ||	First Mehl:	
20955	464	ਕੁਦਰਤਿ ਦਿਸੈ ਕੁਦਰਤਿ ਸੁਣੀਐ ਕੁਦਰਤਿ ਭਉ ਸੁਖ ਸਾਰੁ॥		Kudharath Dhisai Kudharath Suneeai Kudharath Bho Sukh Saar ||	By His Power we see, by His Power we hear; by His Power we have fear, and the essence of happiness.	(ਹੇ ਪ੍ਰਭੂ!) ਜੋ ਕੁਝ ਦਿੱਸ ਰਿਹਾ ਹੈ ਤੇ ਜੋ ਕੁਝ ਸੁਣੀ ਆ ਰਿਹਾ ਹੈ, ਇਹ ਸਭ ਤੇਰੀ ਹੀ ਕਲਾ ਹੈ; ਇਹ ਭਉ ਜੋ ਸੁਖਾਂ ਦਾ ਮੂਲ ਹੈ, ਇਹ ਭੀ ਤੇਰੀ ਕੁਦਰਤ ਹੈ।

20956	464	ਕੁਦਰਤਿ ਪਾਤਾਲੀ ਆਕਾਸੀ ਕੁਦਰਤਿ ਸਰਬ ਆਕਾਰੁ॥		Kudharath Paathaalee Aakaasee Kudharath Sarab Aakaar ||	By His Power the nether worlds exist, and the Akaashic ethers; by His Power the entire creation exists.	ਪਤਾਲਾਂ ਤੇ ਅਕਾਸ਼ਾਂ ਵਿਚ ਤੇਰੀ ਹੀ ਕੁਦਰਤ ਹੈ, ਇਹ ਸਾਰਾ ਅਕਾਰ (ਭਾਵ, ਇਹ ਸਾਰਾ ਜਗਤ ਜੋ ਦਿੱਸ ਰਿਹਾ ਹੈ) ਤੇਰੀ ਹੀ ਅਚਰਜ ਖੇਡ ਹੈ।
20957	464	ਕੁਦਰਤਿ ਵੇਦ ਪੁਰਾਣ ਕਤੇਬਾ ਕੁਦਰਤਿ ਸਰਬ ਵੀਚਾਰੁ॥		Kudharath Vaedh Puraan Kathaebaa Kudharath Sarab Veechaar ||	By His Power the Vedas and the Puraanas exist, and the Holy Scriptures of the Jewish, Christian and Islamic religions. By His Power all deliberations exist.	ਵੇਦ, ਪੁਰਾਣ ਤੇ ਕਤੇਬਾਂ, (ਹੋਰ ਭੀ) ਸਾਰੀ ਵਿਚਾਰ-ਸੱਤਾ ਤੇਰੀ ਹੀ ਕਲਾ ਹੈ;
20958	464	ਕੁਦਰਤਿ ਖਾਣਾ ਪੀਣਾ ਪੈਨ੍ਹਣੁ ਕੁਦਰਤਿ ਸਰਬ ਪਿਆਰੁ॥		Kudharath Khaanaa Peenaa Painhan Kudharath Sarab Piaar ||	By His Power we eat, drink and dress; by His Power all love exists.	(ਜੀਵਾਂ ਦਾ) ਖਾਣ, ਪੀਣ, ਪੈਨ੍ਹਣ (ਦਾ ਵਿਹਾਰ) ਅਤੇ (ਜਗਤ ਵਿਚ) ਸਾਰਾ ਪਿਆਰ (ਦਾ ਜਜ਼ਬਾ) ਇਹ ਸਭ ਤੇਰੀ ਕੁਦਰਤ ਹੈ।
20959	464	ਕੁਦਰਤਿ ਜਾਤੀ ਜਿਨਸੀ ਰੰਗੀ ਕੁਦਰਤਿ ਜੀਅ ਜਹਾਨ॥	(ਜਿਨਸੀ) ਕਿਸਮ	Kudharath Jaathee Jinasee Rangee Kudharath Jeea Jehaan ||	- By His Power come the species of all kinds and colors; by His Power the living beings of the world exist.	ਜਾਤਾਂ ਵਿਚ, ਜਿਨਸਾਂ ਵਿਚ, ਰੰਗਾਂ ਵਿਚ, ਜਗਤ ਦੇ ਜੀਵਾਂ ਵਿਚ ਤੇਰੀ ਹੀ ਕੁਦਰਤ ਵਰਤ ਰਹੀ ਹੈ,

20960	464	ਕੁਦਰਤਿ ਨੇਕੀਆ ਕੁਦਰਤਿ ਬਦੀਆ ਕੁਦਰਤਿ ਮਾਨੁ ਅਭਿਮਾਨੁ॥	ਬਦੀਆਂ	Kudharath Naekeeaa Kudharath Badheeaa Kudharath Maan Abhimaan ||	By His Power virtues exist, and by His Power vices exist. By His Power come honor and dishonor.	(ਜਗਤ ਵਿਚ) ਕਿਤੇ ਭਲਾਈ ਦੇ ਕੰਮ ਹੋ ਰਹੇ ਹਨ, ਕਿਤੇ ਵਿਕਾਰ ਹਨ; ਕਿਤੇ ਕਿਸੇ ਦਾ ਆਦਰ ਹੋ ਰਿਹਾ ਹੈ, ਕਿਤੇ ਅਹੰਕਾਰ ਪਰਧਾਨ ਹੈ-ਇਹ ਤੇਰਾ ਅਚਰਜ ਕੌਤਕ ਹੈ।
20961	464	ਕੁਦਰਤਿ ਪਉਣੁ ਪਾਣੀ ਬੈਸੰਤਰੁ ਕੁਦਰਤਿ ਧਰਤੀ ਖਾਕੁ॥	(ਖਾਕੁ) ਮਿੱਟੀ	Kudharath Poun Paanee Baisanthar Kudharath Dhharathee Khaak ||	By His Power wind, water and fire exist; by His Power earth and dust exist.	ਪਉਣ, ਪਾਣੀ, ਅੱਗ, ਧਰਤੀ ਦੀ ਖ਼ਾਕ (ਆਦਿਕ ਤੱਤ), ਇਹ ਸਾਰੇ ਤੇਰਾ ਹੀ ਤਮਾਸ਼ਾ ਹਨ।
20962	464	ਸਭ ਤੇਰੀ ਕੁਦਰਤਿ ਤੂੰ ਕਾਦਿਰੁ ਕਰਤਾ ਪਾਕੀ ਨਾਈ ਪਾਕੁ॥	(ਕਾਦਿਰੁ) ਮਾਲਕ। (ਪੱਾਕੀ) ਪਵਿੱਤ੍ਰ। (ਨਾਈ) ਵਡਿਆਈ	Sabh Thaeree Kudharath Thoon Kaadhir Karathaa Paakee Naaee Paak ||	Everything is in Your Power, Lord; You are the all-powerful Creator. Your Name is the Holiest of the Holy.	(ਹੇ ਪ੍ਰਭੂ!) ਸਭ ਤੇਰੀ ਕਲਾ ਵਰਤ ਰਹੀ ਹੈ, ਤੂੰ ਕੁਦਰਤ ਦਾ ਮਾਲਕ ਹੈਂ, ਤੂੰ ਹੀ ਇਸ ਖੇਲ ਦਾ ਰਚਨਹਾਰ ਹੈਂ, ਤੇਰੀ ਵਡਿਆਈ ਸੁੱਚੀ ਤੋਂ ਸੁੱਚੀ ਹੈ, ਤੂੰ ਆਪ ਪਵਿੱਤਰ (ਹਸਤੀ ਵਾਲਾ) ਹੈਂ।
20963	464	ਨਾਨਕ ਹੁਕਮੈ ਅੰਦਰਿ ਵੇਖੈ ਵਰਤੈ ਤਾਕੋ ਤਾਕੁ॥੨॥	ਗੁਣਾਂ ਵਿੱਚਨਿਪੁੰਨ ਪੂਰਨ (ਤਾਕੋ ਤਾਕੁ) ਇੱਕੋ-ਇੱਕ ਵਰਤ ਰਹੇ ਹਨ	Naanak Hukamai Andhar Vaekhai Varathai Thaako Thaak ||2||	O Nanak, through the Command of His Will, He beholds and pervades the creation; He is absolutely unrivalled. ||2||	ਹੇ ਨਾਨਕ! ਪ੍ਰਭੂ (ਇਸ ਸਾਰੀ ਕੁਦਰਤ ਨੂੰ) ਆਪਣੇ ਹੁਕਮ ਵਿਚ (ਰੱਖ ਕੇ) (ਸਭ ਦੀ) ਸੰਭਾਲ ਕਰ ਰਿਹਾ ਹੈ, (ਤੇ ਸਭ ਥਾਈਂ, ਇਕੱਲਾ) ਆਪ ਹੀ ਆਪ ਮੌਜੂਦ ਹੈ ॥੨॥
20964	464	ਪਉੜੀ॥		Pourree ||	Pauree:	

20965	464	ਆਪੀਨ੍ਹੈ ਭੋਗ ਭੋਗਿ ਕੈ ਹੋਇ ਭਸਮੜਿ ਭਉਰੁ ਸਿਧਾਇਆ॥	(ਭਸਮੜਿ) ਮਿੱਟੀ ਦਾ ਢੇਰ। (ਭਉਰੁ)ਜੀਵਆਤਮਾ। (ਸਿਧਾਇਆ)ਚੱਲਿਆ ਗਿਆ	Aapeenhai Bhog Bhog Kai Hoe Bhasamarr Bhour Sidhhaaeiaa ||	Enjoying his pleasures, one is reduced to a pile of ashes, and the soul passes away.	ਰੱਬ ਆਪ ਹੀ (ਜੀਵ-ਰੂਪ ਹੋ ਕੇ) ਪਦਾਰਥ ਦੇ ਰੰਗ ਮਾਣਦਾ ਹੈ (ਇਹ ਭੀ ਉਸ ਦੀ ਅਚਰਜ ਕੁਦਰਤ ਹੈ)। (ਸਰੀਰ) ਮਿੱਟੀ ਦੀ ਢੇਰੀ ਹੋ ਜਾਂਦਾ ਹੈ (ਤੇ ਆਖ਼ਰ ਜੀਵਾਤਮਾ-ਰੂਪ) ਭਉਰ (ਸਰੀਰ ਨੂੰ ਛੱਡ ਕੇ) ਤੁਰ ਪੈਂਦਾ ਹੈ।
20966	464	ਵਡਾ ਹੋਆ ਦੁਨੀਦਾਰੁ ਗਲਿ ਸੰਗਲੁ ਘਤਿ ਚਲਾਇਆ॥	(ਘੱਤਿ) ਪਾ ਕੇ। ਦੁਨੀ-ਦਾਰੁ	Vaddaa Hoaa Dhuneedhaar Gal Sangal Ghath Chalaaeiaa ||	He may be great, but when he dies, the chain is thrown around his neck, and he is led away.	(ਇਸ ਤਰ੍ਹਾਂ ਦਾ) ਦੁਨੀਆ ਦੇ ਧੰਧਿਆਂ ਵਿਚ ਫਸਿਆ ਹੋਇਆ ਜੀਵ (ਜਦੋਂ) ਮਰਦਾ ਹੈ, (ਇਸ ਦੇ) ਗਲ ਵਿਚ ਸੰਗਲ ਪਾ ਕੇ ਅੱਗੇ ਲਾ ਲਿਆ ਜਾਂਦਾ ਹੈ (ਭਾਵ, ਮਾਇਆ ਵਿਚ ਵੇੜ੍ਹਿਆ ਹੋਇਆ ਜੀਵ ਜਗਤ ਨੂੰ ਛੱਡਣਾ ਨਹੀਂ ਚਾਹੁੰਦਾ ਤੇ 'ਹੰਸ ਚਲਸੀ ਡੂਮਣਾ')।
20967	464	ਅਗੈ ਕਰਣੀ ਕੀਰਤਿ ਵਾਚੀਐ ਬਹਿ ਲੇਖਾ ਕਰਿ ਸਮਝਾਇਆ॥	(ਵਾਚੀਐ) ਪੜ੍ਹੀ ਜਾਂਦੀ	Agai Karanee Keerath Vaacheeai Behi Laekhaa Kar Samajhaaeiaa ||	There, his good and bad deeds are added up; sitting there, his account is read.	ਪਰਲੋਕ ਵਿਚ (ਭਾਵ, ਧਰਮਰਾਜ ਦੇ ਦਰਬਾਰ ਵਿਚ, ਵੇਖੋ ਪਉੜੀ ੨) ਰੱਬ ਦੀ ਸਿਫ਼ਤਿ-ਸਾਲਾਹ ਰੂਪ ਕਮਾਈ ਹੀ ਕਬੂਲ ਪੈਂਦੀ ਹੈ, ਓਥੈ (ਜੀਵ ਦੇ ਕੀਤੇ ਕਰਮਾਂ ਦਾ) ਹਿਸਾਬ ਚੰਗੀ ਤਰ੍ਹਾਂ (ਇਸ ਨੂੰ) ਸਮਝਾ ਦਿੱਤਾ ਜਾਂਦਾ ਹੈ।

20968	464	ਥਾਉ ਨ ਹੋਵੀ ਪਉਦੀਈ ਹੁਣਿ ਸੁਣੀਐ ਕਿਆ ਰੂਆਇਆ॥	ਕੁੱਟ (ਪਉਦੀ-ਈ) ਪੈਂਦਿਆਂ। (ਰੂਆਇਆ)ਰੋਂਦੇ ਨੂੰ ਵਾ ਪੁਕਾਰਿਆ	Thhaao N Hovee Poudheeee Hun Suneeai Kiaa Rooaaeiaa ||	He is whipped, but finds no place of rest, and no one hears his cries of pain.	(ਮਾਇਆ ਦੇ ਭੋਗਾਂ ਵਿਚ ਹੀ ਫਸੇ ਰਹਿਣ ਦੇ ਕਾਰਨ) ਓਥੇ ਮਾਰ ਪੈਂਦੇ ਨੂੰ ਕਿਤੇ ਢੋਈ ਨਹੀਂ ਮਿਲਦੀ, ਉਸ ਵੇਲੇ ਇਸ ਦੀ ਕੋਈ ਭੀ ਕੂਕ-ਪੁਕਾਰ ਸੁਣੀ ਨਹੀਂ ਜਾਂਦੀ।
20969	464	ਮਨਿ ਅੰਧੈ ਜਨਮੁ ਗਵਾਇਆ॥੩॥		Man Andhhai Janam Gavaaeiaa ||3||	The blind man has wasted his life away. ||3||	ਮੂਰਖ ਮਨ (ਵਾਲਾ ਜੀਵ) ਆਪਣਾ (ਮਨੁੱਖਾ-) ਜਨਮ ਅਜਾਈਂ ਗਵਾ ਲੈਂਦਾ ਹੈ ॥੩॥
20970	464	ਸਲੋਕ ਮਃ ੧॥		Salok Ma 1 ||	Shalok, First Mehl:	
20971	464	ਭੈ ਵਿਚਿ ਪਵਣੁ ਵਹੈ ਸਦ ਵਾਉ॥	(ਸਦ)ਹਮੇਸ਼ਾ। ਸਭ ਦੇ ਸਾਹ ਬਣ ਕੇ ਵਗਦੀ ਹੈ, ਇਸ ਲਈ ਸਭ ਨੂੰ ਸਦ ਹੀ (ਵਾਉ)ਭਾਉਂਦੀ ਹੈ	Bhai Vich Pavan Vehai Sadhavaao ||	In the Fear of God, the wind and breezes ever blow.	ਹਵਾ ਸਦਾ ਹੀ ਰੱਬ ਦੇ ਡਰ ਵਿਚ ਚੱਲ ਰਹੀ ਹੈ।
20972	464	ਭੈ ਵਿਚਿ ਚਲਹਿ ਲਖ ਦਰੀਆਉ॥	ਚੱਲਹਿ। ਲੱਖ।ਦਰੀ-ਆਉ	Bhai Vich Chalehi Lakh Dhareeaao ||	In the Fear of God, thousands of rivers flow.	ਲੱਖਾਂ ਦਰੀਆਉ ਭੀ ਭੈ ਵਿਚ ਹੀ ਵਗ ਰਹੇ ਹਨ।
20973	464	ਭੈ ਵਿਚਿ ਅਗਨਿ ਕਢੈ ਵੇਗਾਰਿ॥	(ਕਢੈ ਵੇਗਾਰਿ) ਬਿਨ ਮਜ਼ੂਰੀ ਲਏ ਕੰਮ ਕਰਦੀ	Bhai Vich Agan Kadtai Vaegaar ||	In the Fear of God, fire is forced to labor.	ਅੱਗ ਜੋ ਸੇਵਾ ਕਰ ਰਹੀ ਹੈ, ਇਹ ਭੀ ਰੱਬ ਦੇ ਭੈ ਵਿਚ ਹੀ ਹੈ।
20974	464	ਭੈ ਵਿਚਿ ਧਰਤੀ ਦਬੀ ਭਾਰਿ॥	ਦੱਬੀ	Bhai Vich Dhharathee Dhabee Bhaar ||	In the Fear of God, the earth is crushed under its burden.	ਸਾਰੀ ਧਰਤੀ ਰੱਬ ਦੇ ਡਰ ਦੇ ਕਾਰਨ ਹੀ ਭਾਰ ਹੇਠ ਨੱਪੀ ਪਈ ਹੈ।
20975	464	ਭੈ ਵਿਚਿ ਇੰਦੁ ਫਿਰੈ ਸਿਰ ਭਾਰਿ॥	(ਇੰਦੁ) ਬੱਦਲ	Bhai Vich Eindh Firai Sir Bhaar ||	In the Fear of God, the clouds move across the sky.	ਰੱਬ ਦੇ ਭੈ ਵਿਚ ਇੰਦਰ ਰਾਜਾ ਸਿਰ ਦੇ ਭਾਰ ਫਿਰ ਰਿਹਾ ਹੈ (ਭਾਵ, ਮੇਘ ਉਸ ਦੀ ਰਜ਼ਾ ਵਿਚ ਹੀ ਉੱਡ ਰਹੇ ਹਨ)।

20976	464	ਭੈ ਵਿਚਿ ਰਾਜਾਧਰਮ ਦੁਆਰੁ॥		Bhai Vich Raajaa Dhharam Dhuaar ||	In the Fear of God, the Righteous Judge of Dharma stands at His Door.	ਧਰਮ-ਰਾਜ ਦਾ ਦਰਬਾਰ ਭੀ ਰੱਬ ਦੇ ਡਰ ਵਿਚ ਹੈ।
20977	464	ਭੈ ਵਿਚਿ ਸੂਰਜੁ ਭੈ ਵਿਚਿ ਚੰਦੁ॥		Bhai Vich Sooraj Bhai Vich Chandh ||	In the Fear of God, the sun shines, and in the Fear of God, the moon reflects.	ਸੂਰਜ ਭੀ ਤੇ ਚੰਦ੍ਰਮਾ ਭੀ ਰੱਬ ਦੇ ਹੁਕਮ ਵਿਚ ਹਨ,
20978	464	ਕੋਹ ਕਰੋੜੀ ਚਲਤ ਨ ਅੰਤੁ॥		Koh Karorree Chalath N Anth ||	They travel millions of miles, endlessly.	ਕ੍ਰੋੜਾਂ ਕੋਹਾਂ ਚਲਦਿਆਂ ਦੇ ਪੈਂਡੇ ਦਾ ਓੜਕ ਨਹੀਂ ਆਉਂਦਾ।
20979	464	ਭੈ ਵਿਚਿ ਸਿਧ ਬੁਧ ਸੁਰ ਨਾਥ॥		Bhai Vich Sidhh Budhh Sur Naathh ||	In the Fear of God, the Siddhas exist, as do the Buddhas, the demi-gods and Yogis.	ਸਿੱਧ, ਬੁਧ, ਦੇਵਤੇ ਤੇ ਨਾਥ-ਸਾਰੇ ਰੱਬ ਦੇ ਭੈ ਵਿਚ ਹਨ।
20980	464	ਭੈ ਵਿਚਿ ਆਡਾਣੇ ਆਕਾਸ॥	(ਆਡਾਣੇ) ਛਾਏ ਹੋਏ	Bhai Vich Aaddaanae Aakaas ||	In the Fear of God, the Akaashic ethers are stretched across the sky.	ਇਹ ਉੱਪਰ ਤਣੇ ਹੋਏ ਅਕਾਸ਼ (ਜੋ ਦਿੱਸਦੇ ਹਨ, ਇਹ ਭੀ) ਭੈ ਵਿਚ ਹੀ ਹਨ।
20981	464	ਭੈ ਵਿਚਿ ਜੋਧ ਮਹਾ ਬਲ ਸੂਰ॥	(ਜੋਧ)ਵੱਡੇ ਵੱਡੇ ਯੋਧੇ। ਮਹਾ ਬਲੀ (ਸੂਰ)ਸੂਰਮੇ	Bhai Vich Jodhh Mehaabal Soor ||	In the Fear of God, the warriors and the most powerful heroes exist.	ਬੜੇ ਬੜੇ ਬਲ ਵਾਲੇ ਜੋਧੇ ਤੇ ਸੂਰਮੇ ਸਭ ਰੱਬ ਦੇ ਭੈ ਵਿਚ ਹਨ।
20982	464	ਭੈ ਵਿਚਿ ਆਵਹਿ ਜਾਵਹਿ ਪੂਰ॥	(ਪੂਰ) ਪੂਰਾਂ ਦੇ ਪੂਰ, ਬੇੜੀ ਚ ਇੱਕ ਵਾਰ ਬੈਠ ਕੇ ਲੰਘਣ ਵਾਲੇ ਪੂਰ	Bhai Vich Aavehi Jaavehi Poor ||	In the Fear of God, multitudes come and go.	ਪੂਰਾਂ ਦੇ ਪੂਰ ਜੀਵ ਜੋ ਜਗਤ ਵਿਚ ਜੰਮਦੇ ਤੇ ਮਰਦੇ ਹਨ, ਸਭ ਭੈ ਵਿਚ ਹਨ।

20983	464	ਸਗਲਿਆ ਭਉ ਲਿਖਿਆ ਸਿਰਿ ਲੇਖੁ॥		Sagaliaa Bho Likhiaa Sir Laekh ||	God has inscribed the Inscription of His Fear upon the heads of all.	ਸਾਰੇ ਹੀ ਜੀਵਾਂ ਦੇ ਮੱਥੇ ਤੇ ਭਉ-ਰੂਪ ਲੇਖ ਲਿਖਿਆ ਹੋਇਆ ਹੈ, ਭਾਵ, ਪ੍ਰਭੂ ਦਾ ਨਿਯਮ ਹੀ ਐਸਾ ਹੈ ਕਿ ਸਾਰੇ ਉਸ ਦੇ ਭੈ ਵਿਚ ਹਨ।
20984	464	ਨਾਨਕ ਨਿਰਭਉ ਨਿਰੰਕਾਰੁ ਸਚੁ ਏਕੁ॥੧॥		Naanak Nirabho Nirankaar Sach Eaek ||1||	O Nanak, the Fearless Lord, the Formless Lord, the True Lord, is One. ||1||	ਹੇ ਨਾਨਕ! ਕੇਵਲ ਇਕ ਸੱਚਾ ਨਿਰੰਕਾਰ ਹੀ ਭੈ-ਰਹਿਤ ਹੈ ॥੧॥
20985	464	ਮਃ ੧॥		Ma 1 ||	First Mehl:	
20986	464	ਨਾਨਕ ਨਿਰਭਉ ਨਿਰੰਕਾਰੁ ਹੋਰਿ ਕੇਤੇ ਰਾਮ ਰਵਾਲ॥	(ਰਵਾਲ) ਚਰਨ ਧੂੜ, ਮਿੱਟੀ ਭਾਵ ਮਿਟ ਗਏ	Naanak Nirabho Nirankaar Hor Kaethae Raam Ravaal ||	O Nanak, the Lord is fearless and formless; myriads of others, like Rama, are mere dust before Him.	ਹੇ ਨਾਨਕ! ਇਕ ਨਿਰੰਕਾਰ ਹੀ ਭੈ-ਰਹਿਤ ਹੈ, (ਅਵਤਾਰੀ) ਰਾਮ (ਜੀ) ਵਰਗੇ ਕਈ ਹੋਰ (ਉਸ ਨਿਰੰਕਾਰ ਦੇ ਸਾਮ੍ਹਣੇ) ਤੁੱਛ ਹਨ;
20987	464	ਕੇਤੀਆ ਕੰਨ੍ਹ ਕਹਾਣੀਆ ਕੇਤੇ ਬੇਦ ਬੀਚਾਰ॥	(ਕੰਨ੍ਹ) ਕ੍ਰਿਸ਼ਨ ਜੀ ਦੀਆਂ	Kaetheeaa Kannh Kehaaneeaa Kaethae Baedh Beechaar ||	There are so many stories of Krishna, so many who reflect over the Vedas.	(ਉਸ ਨਿਰੰਕਾਰ ਦੇ ਗਿਆਨ ਦੇ ਟਾਕਰੇ ਤੇ) ਕ੍ਰਿਸ਼ਨ (ਜੀ) ਦੀਆਂ ਕਈ ਸਾਖੀਆਂ ਤੇ ਵੇਦਾਂ ਦੇ ਕਈ ਵੀਚਾਰ ਭੀ ਤੁੱਛ ਹਨ।
20988	464	ਕੇਤੇ ਨਚਹਿ ਮੰਗਤੇ ਗਿੜਿ ਮੁੜਿ ਪੂਰਹਿ ਤਾਲ॥	(ਗਿੜਿ ਮੁੜਿ) ਫਿਰ ਫਿਰ	Kaethae Nachehi Mangathae Girr Murr Poorehi Thaal ||	So many beggars dance, spinning around to the beat.	(ਉਸ ਨਿਰੰਕਾਰ ਦਾ ਗਿਆਨ ਪ੍ਰਾਪਤ ਕਰਨ ਲਈ) ਕਈ ਮਨੁੱਖ ਮੰਗਤੇ ਬਣ ਕੇ ਨੱਚਦੇ ਹਨ ਤੇ ਕਈ ਤਰ੍ਹਾਂ ਦੇ ਤਾਲ ਪੂਰਦੇ ਹਨ,

20989	464	ਬਾਜਾਰੀ ਬਾਜਾਰ ਮਹਿ ਆਇ ਕਢਹਿ ਬਾਜਾਰ॥	(ਬਾਜਾਰੀ) ਰਾਸਧਾਰੀਏ	Baajaaree Baajaar Mehi Aae Kadtehi Baajaar ||	The magicians perform their magic in the market place, creating a false illusion.	ਰਾਸਧਾਰੀਏ ਭੀ ਬਜ਼ਾਰਾਂ ਵਿਚ ਆ ਕੇ ਰਾਸਾਂ ਪਾਂਦੇ ਹਨ,
20990	464	ਗਾਵਹਿ ਰਾਜੇ ਰਾਣੀਆ ਬੋਲਹਿ ਆਲਪਤਾਲ॥	(ਆਲਪਤਾਲ) ਉਲਟ ਪੁਲਟ	Gaavehi Raajae Raaneeaa Bolehi Aal Pathaal ||	They sing as kings and queens, and speak of this and that.	ਰਾਜਿਆਂ ਤੇ ਰਾਣੀਆਂ ਦੇ ਸਰੂਪ ਬਣਾ ਬਣਾ ਕੇ ਗਾਉਂਦੇ ਹਨ ਤੇ (ਮੂੰਹੋਂ) ਕਈ ਢੰਗਾਂ ਦੇ ਬਚਨ ਬੋਲਦੇ ਹਨ,
20991	464	ਲਖ ਟਕਿਆ ਕੇ ਮੁੰਦੜੇ ਲਖ ਟਕਿਆ ਕੇ ਹਾਰ॥	(ਟਕਿਆ) ਰੁਪਇਆਂ ਦੇ। (ਮੁੰਦੜੇ) ਵਾਲ਼ੇ। ਲੱਖ	Lakh Ttakiaa Kae Mundharrae Lakh Ttakiaa Kae Haar ||	They wear earrings, and necklaces worth thousands of dollars.	ਲੱਖਾਂ ਰੁਪਇਆਂ ਦੇ (ਭਾਵ, ਕੀਮਤੀ) ਵਾਲੇ ਤੇ ਹਾਰ ਪਾਂਦੇ ਹਨ;
20992	464	ਜਿਤੁ ਤਨਿ ਪਾਈਅਹਿ ਨਾਨਕਾ ਸੇ ਤਨ ਹੋਵਹਿ ਛਾਰ॥	ਪਾਈ-ਅਹਿ	Jith Than Paaeeahi Naanakaa Sae Than Hovehi Shhaar ||	Those bodies on which they are worn, O Nanak, those bodies turn to ashes.	ਪਰ, ਹੇ ਨਾਨਕ! (ਉਹ ਵਿਚਾਰੇ ਇਹ ਨਹੀਂ ਜਾਣਦੇ ਕਿ ਇਹ ਵਾਲੇ ਤੇ ਹਾਰ ਤਾਂ) ਜਿਸ ਜਿਸ ਸਰੀਰ ਉੱਤੇ ਪਾਈਦੇ ਹਨ, ਉਹ ਸਰੀਰ (ਅੰਤ ਨੂੰ) ਸੁਆਹ ਹੋ ਜਾਂਦੇ ਹਨ (ਤੇ ਇਸ ਗਾਉਣ ਨੱਚਣ ਨਾਲ, ਇਹਨਾਂ ਵਾਲਿਆਂ ਤੇ ਹਾਰਾਂ ਦੇ ਪਹਿਨਣ ਨਾਲ 'ਗਿਆਨ' ਕਿਵੇਂ ਮਿਲ ਸਕਦਾ ਹੈ?)

20993	465	ਗਿਆਨੁ ਨ ਗਲੀਈ ਢੂਢੀਐ ਕਥਨਾ ਕਰੜਾ ਸਾਰੁ॥	(ਸਾਰੁ) ਸ੍ਰੇਸ਼ਟ। ਗੱਲੀਂ-ਈ	Giaan N Galeeee Dtoodteeai Kathhanaa Kararraa Saar ||	Wisdom cannot be found through mere words. To explain it is as hard as iron.	ਗਿਆਨ ਨਿਰੀਆਂ ਗੱਲਾਂ ਨਾਲ ਨਹੀਂ ਭਾਲਿਆ ਜਾ ਸਕਦਾ, (ਗਿਆਨ ਕਿਵੇਂ ਮਿਲ ਸਕਦਾ ਹੈ- ਇਸ ਗੱਲ ਦਾ) ਬਿਆਨ ਕਰਨਾ ਇਉਂ ਕਰੜਾ ਹੈ ਜਿਵੇਂ ਲੋਹਾ (ਭਾਵ, ਬਹੁਤ ਔਖਾ ਹੈ)।
20994	465	ਕਰਮਿ ਮਿਲੈ ਤਾ ਪਾਈਐ ਹੋਰ ਹਿਕਮਤਿ ਹੁਕਮੁ ਖੁਆਰੁ॥੨॥	(ਕਰਮਿ) ਕ੍ਰਿਪਾ ਨਾਲ। (ਹਿਕਮਤਿ) ਚਲਾਕੀ ਨਾਲ	Karam Milai Thaa Paaeeai Hor Hikamath Hukam Khuaar ||2||	When the Lord bestows His Grace, then alone it is received; other tricks and orders are useless. ||2||	(ਹਾਂ) ਰੱਬ ਦੀ ਮੇਹਰ ਨਾਲ ਮਿਲ ਜਾਏ ਤਾਂ ਮਿਲ ਪੈਂਦਾ ਹੈ, (ਮੇਹਰ ਤੋਂ ਬਿਨਾ ਕੋਈ) ਹੋਰ ਚਾਰਾਜੋਈ ਤੇ ਹੁਕਮ (ਵਰਤਣਾ) ਵਿਅਰਥ ਹੈ ॥੨॥
20995	465	ਪਉੜੀ॥		Pourree ||	Pauree:	
20996	465	ਨਦਰਿ ਕਰਹਿ ਜੇ ਆਪਣੀ ਤਾ ਨਦਰੀ ਸਤਿਗੁਰੁ ਪਾਇਆ॥		Nadhar Karehi Jae Aapanee Thaa Nadharee Sathigur Paaeiaa ||	If the Merciful Lord shows His Mercy, then the True Guru is found.	ਹੇ ਪ੍ਰਭੂ! ਜੇ ਤੂੰ (ਜੀਵ ਉੱਤੇ) ਮਿਹਰ ਦੀ ਨਜ਼ਰ ਕਰੇਂ, ਤਾਂ ਉਸ ਨੂੰ ਤੇਰੀ ਕਿਰਪਾ-ਦ੍ਰਿਸ਼ਟੀ ਨਾਲ ਸਤਿਗੁਰੂ ਮਿਲ ਪੈਂਦਾ ਹੈ।
20997	465	ਏਹੁ ਜੀਉ ਬਹੁਤੇ ਜਨਮ ਭਰੰਮਿਆ ਤਾ ਸਤਿਗੁਰਿ ਸਬਦੁ ਸੁਣਾਇਆ॥		Eaehu Jeeo Bahuthae Janam Bharanmiaa Thaa Sathigur Sabadh Sunaaeiaa ||	This soul wandered through countless incarnations, until the True Guru instructed it in the Word of the Shabad.	ਇਹ (ਵਿਚਾਰਾ) ਜੀਵ (ਜਦੋਂ) ਬਹੁਤੇ ਜਨਮਾਂ ਵਿਚ ਭਟਕ ਚੁਕਿਆ (ਤੇ ਤੇਰੀ ਮਿਹਰ ਦੀ ਨਜ਼ਰ ਹੋਈ) ਤਾਂ ਇਸ ਨੂੰ ਸਤਿਗੁਰੂ ਨੇ ਆਪਣਾ ਸ਼ਬਦ ਸੁਣਾਇਆ।

20998	465	ਸਤਿਗੁਰ ਜੇਵਡੁ ਦਾਤਾ ਕੋ ਨਹੀ ਸਭਿ ਸੁਣਿਅਹੁ ਲੋਕ ਸਬਾਇਆ॥	(ਸਬਾਇਆ) ਸਾਰੇ	Sathigur Jaevadd Dhaathaa Ko Nehee Sabh Suniahu Lok Sabaaeiaa ||	There is no giver as great as the True Guru; hear this, all you people.	ਹੇ ਸਾਰੇ ਲੋਕੋ! ਧਿਆਨ ਦੇ ਕੇ ਸੁਣੋ, ਸਤਿਗੁਰੂ ਦੇ ਬਰਾਬਰ ਦਾ ਹੋਰ ਕੋਈ ਦਾਤਾ ਨਹੀਂ ਹੈ।
20999	465	ਸਤਿਗੁਰਿ ਮਿਲਿਐ ਸਚੁ ਪਾਇਆ ਜਿਨ੍ਹੀ ਵਿਚਹੁ ਆਪੁ ਗਵਾਇਆ॥		Sathigur Miliai Sach Paaeiaa Jinhee Vichahu Aap Gavaaeiaa ||	Meeting the True Guru, the True Lord is found; He removes self-conceit from within,	ਜਿਨ੍ਹਾਂ ਮਨੁੱਖਾਂ ਨੇ ਆਪਣੇ ਅੰਦਰੋਂ ਆਪਾ-ਭਾਵ ਗਵਾ ਦਿੱਤਾ ਹੈ, ਉਹਨਾਂ ਨੂੰ ਉਸ ਸਤਿਗੁਰੂ ਦੇ ਮਿਲਣ ਨਾਲ ਸੱਚੇ ਪ੍ਰਭੂ ਦੀ ਪ੍ਰਾਪਤੀ ਹੋ ਗਈ,
21000	465	ਜਿਨਿ ਸਚੋ ਸਚੁ ਬੁਝਾਇਆ॥੪॥	ਬੁੱਝਾਇਆ	Jin Sacho Sach Bujhaaeiaa ||4||	And instructs us in the Truth of Truths. ||4||	ਜਿਸ ਸਤਿਗੁਰੂ ਨੇ ਨਿਰੋਲ ਸੱਚੇ ਪ੍ਰਭੂ ਦੀ ਸੂਝ ਪਾਈ ਹੈ। (ਭਾਵ, ਜੋ ਮਨੁੱਖ ਆਪਣੇ ਅੰਦਰੋਂ ਆਪਾ-ਭਾਵ ਗਵਾਉਂਦੇ ਹਨ, ਉਹਨਾਂ ਨੂੰ ਉਸ ਸਤਿਗੁਰੂ ਦੇ ਮਿਲਣ ਨਾਲ ਸੱਚੇ ਰੱਬ ਦੀ ਪ੍ਰਾਪਤੀ ਹੋ ਜਾਂਦੀ ਹੈ, ਜੋ ਸਤਿਗੁਰੂ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਸੂਝ ਦੇਂਦਾ ਹੈ) ॥੪॥
21001	465	ਸਲੋਕ ਮਃ ੧॥	ਸੱਭੇ	Salok Ma 1 ||	Shalok, First Mehl:	
21002	465	ਘੜੀਆ ਸਭੇ ਗੋਪੀਆ ਪਹਰ ਕੰਨ੍ਹ ਗੋਪਾਲ॥		Gharreeaa Sabhae Gopeeaa Pehar Kannh Gopaal ||	All the hours are the milk-maids, and the quarters of the day are the Krishnas.	(ਸਾਰੀਆਂ) ਘੜੀਆਂ (ਮਾਨੋ) ਗੋਪੀਆਂ ਹਨ; (ਦਿਨ ਦੇ ਸਾਰੇ) ਪਹਿਰ, (ਮਾਨੋ) ਕਾਨ੍ਹ ਹਨ;

21003	465	ਗਹਣੇ ਪਉਣੁ ਪਾਣੀ ਬੈਸੰਤਰੁ ਚੰਦੁ ਸੂਰਜੁ ਅਵਤਾਰ॥	(ਬੈਸੰਤਰੁ) ਅੱਗ	Gehanae Poun Paanee Baisanthar Chandh Sooraj Avathaar ||	The wind, water and fire are the ornaments; the sun and moon are the incarnations.	ਪਉਣ ਪਾਣੀ ਤੇ ਅੱਗ, (ਮਾਨੋ) ਗਹਿਣੇ ਹਨ (ਜੋ ਉਹਨਾਂ ਗੋਪੀਆਂ ਨੇ ਪਾਏ ਹੋਏ ਹਨ)। (ਰਾਸਾਂ ਵਿਚ ਰਾਸਧਾਰੀਏ ਅਵਤਾਰਾਂ ਦਾ ਸਾਂਗ ਬਣਾ ਬਣਾ ਕੇ ਗਾਉਂਦੇ ਹਨ, ਕੁਦਰਤ ਦੀ ਰਾਸ ਵਿਚ) ਚੰਦ੍ਰਮਾ ਤੇ ਸੂਰਜ, (ਮਾਨੋ) ਦੋ ਅਵਤਾਰ ਹਨ।
21004	465	ਸਗਲੀ ਧਰਤੀ ਮਾਲੁ ਧਨੁ ਵਰਤਣਿ ਸਰਬ ਜੰਜਾਲ॥	(ਵਰਤਣਿ) ਵਰਤੋਂ ਵਿਹਾਰ। (ਜੰਜਾਲ) ਜਗਤ ਦੇ ਧੰਧੇ	Sagalee Dhharathee Maal Dhhan Varathan Sarab Janjaal ||	All of the earth, property, wealth and articles are all entanglements.	ਸਾਰੀ ਧਰਤੀ (ਰਾਸ ਪਾਣ ਲਈ) ਮਾਲ ਧਨ ਹੈ, ਅਤੇ (ਜਗਤ ਦੇ ਧੰਧੇ) ਰਾਸ ਦਾ ਵਰਤਣ-ਵਲੇਵਾ ਹਨ।
21005	465	ਨਾਨਕ ਮੁਸੈ ਗਿਆਨ ਵਿਹੂਣੀ ਖਾਇ ਗਇਆ ਜਮਕਾਲੁ॥੧॥	ਦੁਨੀਆਂ (ਮੁੱਸੈ) ਠੱਗੀ ਜਾ ਰਹੀ ਹੈ ਗਿਆਨ ਤੋਂ (ਵਿਹੂਣੀ) ਖਾਲੀ	Naanak Musai Giaan Vihoonee Khaae Gaeiaa Jamakaal ||1||	O Nanak, without divine knowledge, one is plundered, and devoured by the Messenger of Death. ||1||	(ਮਾਇਆ ਦੀ ਇਸ ਰਾਸ ਵਿਚ) ਗਿਆਨ ਤੋਂ ਸੱਖਣੀ ਦੁਨੀਆ ਠੱਗੀ ਜਾ ਰਹੀ ਹੈ, ਤੇ ਇਸ ਨੂੰ ਜਮਕਾਲ ਖਾਈ ਜਾ ਰਿਹਾ ਹੈ ॥੧॥
21006	465	ਮਃ ੧॥	ਸਾਜ (ਵਾਇਨਿ) ਵਜਾਣ	Ma 1 ||	First Mehl:	
21007	465	ਵਾਇਨਿ ਚੇਲੇ ਨਚਨਿ ਗੁਰ॥		Vaaein Chaelae Nachan Gur ||	The disciples play the music, and the gurus dance.	(ਰਾਸਾਂ ਵਿਚ) ਚੇਲੇ ਸਾਜ ਵਜਾਉਂਦੇ ਹਨ, ਅਤੇ ਉਹਨਾਂ ਚੇਲਿਆਂ ਦੇ ਗੁਰੂ ਨੱਚਦੇ ਹਨ।
21008	465	ਪੈਰ ਹਲਾਇਨਿ ਫੇਰਨਿ ਸਿਰ॥		Pair Halaaein Faeranih Sir ||	They move their feet and roll their heads.	(ਨਾਚ ਵੇਲੇ ਉਹ ਗੁਰੂ) ਪੈਰਾਂ ਨੂੰ ਹਿਲਾਉਂਦੇ ਹਨ ਅਤੇ ਸਿਰ ਫੇਰਦੇ ਹਨ।

21009	465	ਉਡਿ ਉਡਿ ਰਾਵਾ ਝਾਟੈ ਪਾਇ॥	(ਰਾਵਾ) ਘੱਟਾ। (ਝਾਟੈ) ਸਿਰ ਵਾਲ਼ਾਂ ਚ	Oudd Oudd Raavaa Jhaattai Paae ||	The dust flies and falls upon their hair.	(ਉਹਨਾਂ ਦੇ ਪੈਰਾਂ ਨਾਲ) ਉੱਡ ਉੱਡ ਕੇ ਘੱਟਾ ਉਹਨਾਂ ਦੇ ਸਿਰ ਵਿਚ ਪੈਂਦਾ ਹੈ।
21010	465	ਵੇਖੈ ਲੋਕੁ ਹਸੈ ਘਰਿ ਜਾਇ॥		Vaekhai Lok Hasai Ghar Jaae ||	Beholding them, the people laugh, and then go home.	(ਰਾਸ ਵੇਖਣ ਆਏ ਹੋਏ) ਲੋਕ (ਉਹਨਾਂ ਨੂੰ ਨੱਚਦਿਆਂ) ਵੇਖਦੇ ਹਨ ਅਤੇ ਹੱਸਦੇ ਹਨ (ਅੱਖਰੀਂ-ਲੋਕ ਵੇਖਦਾ ਹੈ ਅਤੇ ਹੱਸਦਾ ਹੈ)।
21011	465	ਰੋਟੀਆ ਕਾਰਣਿ ਪੂਰਹਿ ਤਾਲ॥	(ਪੂਰਹਿ ਤਾਲ) ਨੱਚਦੇ	Rotteeaa Kaaran Poorehi Thaal ||	They beat the drums for the sake of bread.	(ਪਰ ਉਹ ਰਾਸਧਾਰੀਏ) ਰੋਜ਼ੀ ਦੀ ਖ਼ਾਤਰ ਨੱਚਦੇ ਹਨ,
21012	465	ਆਪੁ ਪਛਾੜਹਿ ਧਰਤੀ ਨਾਲਿ॥	(ਪਛਾੜਹਿ) ਸੁੱਟਦੇ	Aap Pashhaarrehi Dhharathee Naal ||	They throw themselves upon the ground.	ਅਤੇ ਆਪਣੇ ਆਪ ਨੂੰ ਭੁਇਂ ਤੇ ਮਾਰਦੇ ਹਨ।
21013	465	ਗਾਵਨਿ ਗੋਪੀਆ ਗਾਵਨਿ ਕਾਨ੍॥		Gaavan Gopeeaa Gaavan Kaanh ||	They sing of the milk-maids, they sing of the Krishnas.	ਗੋਪੀਆਂ (ਦੇ ਸਾਂਗ ਬਣ ਕੇ) ਗਾਉਂਦੇ ਹਨ, ਕਾਨ੍ਹ (ਦੇ ਸਾਂਗ ਬਣ ਕੇ) ਗਾਉਂਦੇ ਹਨ,
21014	465	ਗਾਵਨਿ ਸੀਤਾ ਰਾਜੇ ਰਾਮ॥		Gaavan Seethaa Raajae Raam ||	They sing of Sitas, and Ramas and kings.	ਸੀਤਾ, ਰਾਮ ਜੀ ਤੇ ਹੋਰ ਰਾਜਿਆਂ ਦੇ ਸਾਂਗ ਬਣ ਕੇ ਗਾਉਂਦੇ ਹਨ।
21015	465	ਨਿਰਭਉ ਨਿਰੰਕਾਰੁ ਸਚੁ ਨਾਮੁ॥		Nirabho Nirankaar Sach Naam ||	The Lord is fearless and formless; His Name is True.	ਜਿਹੜਾ ਪ੍ਰਭੂ ਨਿਡਰ ਹੈ, ਅਕਾਰ-ਰਹਿਤ ਹੈ ਅਤੇ ਜਿਸ ਦਾ ਨਾਮ ਸਦਾ ਅਟੱਲ ਹੈ,
21016	465	ਜਾ ਕਾ ਕੀਆ ਸਗਲ ਜਹਾਨੁ॥		Jaa Kaa Keeaa Sagal Jehaan ||	The entire universe is His Creation.	ਜਿਸ ਦਾ ਸਾਰਾ ਜਗਤ ਬਣਾਇਆ ਹੋਇਆ ਹੈ,

21017	465	ਸੇਵਕ ਸੇਵਹਿ ਕਰਮਿ ਚੜਾਉ॥	(ਕਰਮਿ) ਕ੍ਰਿਪਾ ਨਾਲ (ਚੜਾਉ) ਚੜ੍ਹਦੀ ਕਲਾ, ਸਿਰੋਪਾਉ	Saevak Saevehi Karam Charraao ||	Those servants, whose destiny is awakened, serve the Lord.	ਉਸ ਨੂੰ (ਕੇਵਲ ਉਹੀ) ਸੇਵਕ ਸਿਮਰਦੇ ਹਨ, ਜਿਨ੍ਹਾਂ ਦੇ ਅੰਦਰ (ਰੱਬ ਦੀ) ਮਿਹਰ ਨਾਲ ਚੜ੍ਹਦੀ ਕਲਾ ਹੈ, ਜਿਨ੍ਹਾਂ ਦੇ ਮਨ ਵਿਚ (ਸਿਮਰਨ ਕਰਨ ਦਾ) ਉਤਸ਼ਾਹ ਹੈ,
21018	465	ਭਿੰਨੀ ਰੈਣਿ ਜਿਨ੍ਹਾ ਮਨਿ ਚਾਉ॥	(ਭਿੰਨੀ) ਰਸਦਾਇਕ। ਜ਼ਿੰਦਗੀ ਰੂਪੀ (ਰੈਣਿ) ਰਾਤ। (ਚਾਉ) ਪ੍ਰੇਮ ਉਤਸ਼ਾਹ	Bhinnee Rain Jinhaa Man Chaao ||	The night of their lives is cool with dew; their minds are filled with love for the Lord.	ਉਹਨਾਂ ਸੇਵਕਾਂ ਦੀ ਜ਼ਿੰਦਗੀ-ਰੂਪ ਰਾਤ ਸੁਆਦਲੀ ਗੁਜ਼ਰਦੀ ਹੈ-
21019	465	ਸਿਖੀ ਸਿਖਿਆ ਗੁਰ ਵੀਚਾਰਿ॥	(ਸਿੱਖੀ) ਸਿੱਖ ਲਈ। ਸਿੱਖਿਆ	Sikhee Sikhiaa Gur Veechaar ||	Contemplating the Guru, I have been taught these teachings;	ਇਹ ਸਿੱਖਿਆ ਜਿਨ੍ਹਾਂ ਨੇ ਗੁਰੂ ਦੀ ਮੱਤ ਦੁਆਰਾ ਸਿੱਖ ਲਈ ਹੈ,
21020	465	ਨਦਰੀ ਕਰਮਿ ਲਘਾਏ ਪਾਰਿ॥	(ਨਦਰੀ) ਵਾਹਿਗੁਰੂ ਜੀ	Nadharee Karam Laghaaeae Paar ||	Granting His Grace, He carries His servants across.	ਮਿਹਰ ਦੀ ਨਜ਼ਰ ਵਾਲਾ ਪ੍ਰਭੂ ਆਪਣੀ ਬਖ਼ਸ਼ਸ਼ ਦੁਆਰਾ ਉਹਨਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ।
21021	465	ਕੋਲੂ ਚਰਖਾ ਚਕੀ ਚਕੁ॥	ਚੱਕੀ ਚੱਕੁ	Koloo Charakhaa Chakee Chak ||	The oil-press, the spinning wheel, the grinding stones, the potter's wheel,	(ਨੱਚਣ ਅਤੇ ਫੇਰੀਆਂ ਲੈਣ ਨਾਲ ਜੀਵਨ ਦਾ ਉਧਾਰ ਨਹੀਂ ਹੋ ਸਕਦਾ, ਵੇਖੋ ਬੇਅੰਤ ਪਦਾਰਥ ਤੇ ਜੀਵ ਸਦਾ ਭੌਂਦੇ ਰਹਿੰਦੇ ਹਨ) ਕੋਹਲੂ, ਚਰਖਾ, ਚੱਕੀ, ਚੱਕ,
21022	465	ਥਲ ਵਾਰੋਲੇ ਬਹੁਤੁ ਅਨੰਤੁ॥	(ਥਲ) ਥਲਾਂ ਦੇ ਵਾਰੋਲੇ।	Thhal Vaarolae Bahuth Ananth ||	The numerous, countless whirlwinds in the desert,	ਥਲਾਂ ਦੇ ਬੇਅੰਤ ਵਰੋਲੇ,

21023	465	ਲਾਟੂ ਮਾਧਾਣੀਆ ਅਨਗਾਹ॥	(ਅਨ-ਗਾਹ) ਅੰਨ ਗਾਹੁਣਵਾਲੇ (ਗਾਹ) ਫਲ਼ੇ	Laattoo Maadhhaaneeaa Anagaah ||	The spinning tops, the churning sticks, the threshers,	ਲਾਟੂ, ਮਧਾਣੀਆਂ, ਫਲ੍ਹੇ,
21024	465	ਪੰਖੀ ਭਉਦੀਆ ਲੈਨਿ ਨ ਸਾਹ॥	(ਭਉਦੀਆ) ਉੱਡਦਿਆਂ	Pankhee Bhoudheeaa Lain N Saah ||	The breathless tumblings of the birds,	ਪੰਛੀ, ਭੰਭੀਰੀਆਂ ਜੋ ਇਕ-ਸਾਹੇ ਉਡਦੀਆਂ ਰਹਿੰਦੀਆਂ ਹਨ- ਇਹ ਸਭ ਭੌਂਦੇ ਰਹਿੰਦੇ ਹਨ।
21025	465	ਸੂਐ ਚਾੜਿ ਭਵਾਈਅਹਿ ਜੰਤ॥	ਚਾੜ੍ਹਿ। ਭਵਾਈ-ਅਹਿ	Sooai Chaarr Bhavaaeeahi Janth ||	And the men moving round and round on spindles	ਸੂਲ ਉੱਤੇ ਚਾੜ੍ਹ ਕੇ ਕਈ ਜੰਤ ਭਵਾਈਂਦੇ ਹਨ।
21026	465	ਨਾਨਕ ਭਉਦਿਆ ਗਣਤ ਨ ਅੰਤ॥		Naanak Bhoudhiaa Ganath N Anth ||	O Nanak, the tumblers are countless and endless.	ਹੇ ਨਾਨਕ! ਭੌਣ ਵਾਲੇ ਜੀਵਾਂ ਦਾ ਅੰਤ ਨਹੀਂ ਪੈ ਸਕਦਾ।
21027	465	ਬੰਧਨ ਬੰਧਿ ਭਵਾਏ ਸੋਇ॥		Bandhhan Bandhh Bhavaaeae Soe ||	The Lord binds us in bondage - so do we spin around.	(ਇਸੇ ਤਰ੍ਹਾਂ) ਉਹ ਪ੍ਰਭੂ ਜੀਵਾਂ ਨੂੰ (ਮਾਇਆ ਦੇ) ਜ਼ੰਜੀਰਾਂ ਵਿਚ ਜਕੜ ਕੇ ਭਵਾਉਂਦਾ ਹੈ,
21028	465	ਪਇਐ ਕਿਰਤਿ ਨਚੈ ਸਭੁ ਕੋਇ॥		Paeiai Kirath Nachai Sabh Koe ||	According to their actions, so do all people dance.	ਹਰੇਕ ਜੀਵ ਆਪਣੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਨੱਚ ਰਿਹਾ ਹੈ।
21029	465	ਨਚਿ ਨਚਿ ਹਸਹਿ ਚਲਹਿ ਸੇ ਰੋਇ॥	ਨੱਚਿ ਨੱਚਿ। ਹੱਸ-ਹਿ। ਚੱਲ-ਹਿ	Nach Nach Hasehi Chalehi Sae Roe ||	Those who dance and dance and laugh, shall weep on their ultimate departure.	ਜੋ ਜੀਵ ਨੱਚ ਨੱਚ ਕੇ ਹੱਸਦੇ ਹਨ, ਉਹ (ਅੰਤ ਨੂੰ) ਰੋ ਕੇ (ਏਥੋਂ) ਤੁਰਦੇ ਹਨ।
21030	465	ਉਡਿ ਨ ਜਾਹੀ ਸਿਧ ਨ ਹੋਹਿ॥		Oudd N Jaahee Sidhh N Hohi ||	They do not fly to the heavens, nor do they become Siddhas.	(ਉਂਞ) ਭੀ ਨੱਚਣ ਟੱਪਣ ਨਾਲ ਕਿਸੇ ਉੱਚੀ ਅਵਸਥਾ ਤੇ ਨਹੀਂ ਅੱਪੜ ਜਾਂਦੇ, ਤੇ ਨਾ ਹੀ ਉਹ ਸਿੱਧ ਬਣ ਜਾਂਦੇ ਹਨ।

21031	465	ਨਚਣੁ ਕੁਦਣੁ ਮਨ ਕਾ ਚਾਉ॥	ਨੱਚਣੁ ਕੁੱਦਣੁ	Nachan Kudhan Man Kaa Chaao ||	They dance and jump around on the urgings of their minds.	ਨੱਚਣਾ ਕੁੱਦਣਾ (ਕੇਵਲ) ਮਨ ਦਾ ਸ਼ੌਕ ਹੈ,
21032	465	ਨਾਨਕ ਜਿਨ੍ ਮਨਿ ਭਉ ਤਿਨ੍ਾ ਮਨਿ ਭਾਉ॥੨॥		Naanak Jinh Man Bho Thinhaa Man Bhaao ||2||	O Nanak, those whose minds are filled with the Fear of God, have the love of God in their minds as well. ||2||	ਹੇ ਨਾਨਕ! ਪ੍ਰੇਮ ਕੇਵਲ ਉਹਨਾਂ ਦੇ ਮਨ ਵਿਚ ਹੀ ਹੈ ਜਿਨ੍ਹਾਂ ਦੇ ਮਨ ਵਿਚ ਰੱਬ ਦਾ ਡਰ ਹੈ ॥੨॥
21033	465	ਪਉੜੀ॥		Pourree ||	Pauree:	
21034	465	ਨਾਉ ਤੇਰਾ ਨਿਰੰਕਾਰੁ ਹੈ ਨਾਇ ਲਇਐ ਨਰਕਿ ਨ ਜਾਈਐ॥		Naao Thaeraa Nirankaar Hai Naae Laeiai Narak N Jaaeeai ||	Your Name is the Fearless Lord; chanting Your Name, one does not have to go to hell.	(ਹੇ ਪ੍ਰਭੂ!) ਤੇਰਾ ਨਾਮ ਨਿਰੰਕਾਰ ਹੈ, ਜੇ ਤੇਰਾ ਨਾਮ ਸਿਮਰੀਏ ਤਾਂ ਨਰਕ ਵਿਚ ਨਹੀਂ ਪਈਦਾ।

21035	465	ਜੀਉ ਪਿੰਡੁ ਸਭੁ ਤਿਸ ਦਾ ਦੇ ਖਾਜੈ ਆਖਿ ਗਵਾਈਐ॥	(ਜੀਉ) ਜਿੰਦ। (ਪਿੰਡੁ) ਸ਼੍ਰੀਰ। ਹੋਰਨਾਂ ਨੂੰ ਦੇ ਕੇ, ਆਪ (ਖਾਜੈ) ਖਾਈਏ। ਆਪਣੀ ਜ਼ਬਾਨੋਂ ਆਖਣਾ ਛੱਡ ਦੇਈਏ ਕਿ ਮੈਂ ਦਿੱਤਾ ਹੈ, ਕਿਉਂਕਿ ਪ੍ਰਮੇਸ਼ਰ ਜੀ ਦਾ ਦਿਤਾ ਹੀ ਖਾਈਦਾ ਹੈ। ਮੈਂ ਦਿੰਦਾ ਹਾਂ ਆਖ ਕੇ ਅਪਣੇ ਆਪ ਨੂੰ (ਗਵਾਈਐ) ਗੁਵਾਉਣਾ ਹੈ ਰਾਮਜੀ ਵੱਲੋਂ	Jeeo Pindd Sabh This Dhaa Dhae Khaajai Aakh Gavaaeeai ||	Soul and body all belong to Him; asking Him to give us sustenance is a waste.	ਇਹ ਜਿੰਦ ਅਤੇ ਸਰੀਰ ਸਭ ਕੁਝ ਪ੍ਰਭੂ ਦਾ ਹੀ ਹੈ, ਉਹੀ (ਜੀਵਾਂ ਨੂੰ) ਖਾਣ ਵਾਸਤੇ (ਭੋਜਨ) ਦੇਂਦਾ ਹੈ, (ਕਿਤਨਾ ਕੁ ਦੇਂਦਾ ਹੈ) ਇਹ ਅੰਦਾਜ਼ਾ ਲਾਉਣਾ ਵਿਅਰਥ ਜਤਨ ਹੈ।
21036	465	ਜੇ ਲੋੜਹਿ ਚੰਗਾ ਆਪਣਾ ਕਰਿ ਪੁੰਨਹੁ ਨੀਚੁ ਸਦਾਈਐ॥		Jae Lorrehi Changaa Aapanaa Kar Punnahu Neech Sadhaaeeai ||	If you yearn for goodness, then perform good deeds and feel humble.	ਹੇ ਜੀਵ! ਜੇ ਤੂੰ ਆਪਣੀ ਭਲਿਆਈ ਲੋੜਦਾ ਹੈਂ, ਤਾਂ ਚੰਗਾ ਕੰਮ ਕਰ ਕੇ ਭੀ ਆਪਣੇ ਆਪ ਨੂੰ ਨੀਵਾਂ ਅਖਵਾ।
21037	465	ਜੇ ਜਰਵਾਣਾ ਪਰਹਰੈ ਜਰੁ ਵੇਸ ਕਰੇਦੀ ਆਈਐ॥	(ਜਰਵਾਣਾ) ਕਾਲ, ਬੁਢੇਪਾ। (ਪਰਹਰੈ) ਦੂਰ ਕਰਨਾ ਚਾਹੇ। (ਜਰੁ) ਬੁਢੇਪਾ	Jae Jaravaanaa Pareharai Jar Vaes Karaedhee Aaeeai ||	Even if you remove the signs of old age, old age shall still come in the guise of death.	ਜੇ (ਕੋਈ ਜੀਵ) ਬੁਢੇਪੇ ਨੂੰ ਪਰੇ ਹਟਾਉਣਾ ਚਾਹੇ (ਭਾਵ, ਬੁਢੇਪੇ ਤੋਂ ਬਚਣਾ ਚਾਹੇ, ਤਾਂ ਇਹ ਜਤਨ ਫ਼ਜ਼ੂਲ ਹੈ) ਬੁਢੇਪਾ ਵੇਸ ਧਾਰ ਕੇ ਆ ਹੀ ਜਾਂਦਾ ਹੈ।
21038	465	ਕੋ ਰਹੈ ਨ ਭਰੀਐ ਪਾਈਐ॥੫॥	ਜਦੋਂ ਜੀਵਨ ਦੀ ਸੁਆਸਾਂ ਰੂਪੀ (ਪਾਈਐ) ਪਾਈ (ਭਰੀਐ) ਭਰ ਜਾਂਦੀ	Ko Rehai N Bhareeai Paaeeai ||5||	No one remains here when the count of the breaths is full. ||5||	ਜਦੋਂ ਸੁਆਸ ਪੂਰੇ ਹੋ ਜਾਂਦੇ ਹਨ, ਤਾਂ ਕੋਈ ਜੀਵ ਇੱਥੇ ਰਹਿ ਨਹੀਂ ਸਕਦਾ ॥੫॥

21039	465	ਸਲੋਕ ਮਃ ੧॥		Salok Ma 1 ||	Shalok, First Mehl:	
21040	465	ਮੁਸਲਮਾਨਾ ਸਿਫਤਿ ਸਰੀਅਤਿ ਪੜਿ ਪੜਿ ਕਰਹਿ ਬੀਚਾਰੁ॥	(ਸ-ਰੀਅਤਿ) ਸ਼ਰ੍ਹਾ, ਮੁਸਲਮਾਨੀ ਕਾਨੂੰਨ	Musalamaanaa Sifath Sareeath Parr Parr Karehi Beechaar ||	The Muslims praise the Islamic law; they read and reflect upon it.	ਮੁਸਲਮਾਨਾਂ ਨੂੰ ਸ਼ਰਹ ਦੀ ਵਡਿਆਈ (ਸਭ ਤੋਂ ਵਧੀਕ ਚੰਗੀ ਲੱਗਦੀ ਹੈ), ਉਹ ਸ਼ਰਹ ਨੂੰ ਪੜ੍ਹ ਪੜ੍ਹ ਕੇ (ਇਹ) ਵਿਚਾਰ ਕਰਦੇ ਹਨ,
21041	465	ਬੰਦੇ ਸੇ ਜਿ ਪਵਹਿ ਵਿਚਿ ਬੰਦੀ ਵੇਖਣ ਕਉ ਦੀਦਾਰੁ॥	(ਬੰਦੀ) ਬੰਦਗੀ	Bandhae Sae J Pavehi Vich Bandhee Vaekhan Ko Dheedhaar ||	The Lord's bound servants are those who bind themselves to see the Lord's Vision.	(ਕਿ) ਰੱਬ ਦਾ ਦੀਦਾਰ ਦੇਖਣ ਲਈ ਜੋ ਮਨੁੱਖ (ਸ਼ਰਹ ਦੀ) ਬੰਦਸ਼ ਵਿਚ ਪੈਂਦੇ ਹਨ, ਉਹੀ ਰੱਬ ਦੇ ਬੰਦੇ ਹਨ।
21042	465	ਹਿੰਦੂ ਸਾਲਾਹੀ ਸਾਲਾਹਨਿ ਦਰਸਨਿ ਰੂਪਿ ਅਪਾਰੁ॥		Hindhoo Saalaahee Saalaahan Dharasan Roop Apaar ||	The Hindus praise the Praiseworthy Lord; the Blessed Vision of His Darshan, His form is incomparable.	ਹਿੰਦੂ ਸ਼ਾਸਤਰ ਦੁਆਰਾ ਹੀ ਸਾਲਾਹੁਣ-ਜੋਗ ਸੁੰਦਰ ਤੇ ਬੇਅੰਤ ਹਰੀ ਨੂੰ ਸਲਾਹੁੰਦੇ ਹਨ,
21043	465	ਤੀਰਥਿ ਨਾਵਹਿ ਅਰਚਾ ਪੂਜਾ ਅਗਰ ਵਾਸੁ ਬਹਕਾਰੁ॥	(ਅਰਚਾ) ਚੰਦਨ ਛਿੜਕਣਾ। (ਅਗਰ) ਚੰਦਨ। (ਵਾਸੁ)ਖੁਸ਼ਬੂ ਦੀ(ਬਹਕਾਰੁ)ਮਹਿਕਾਰ ਮਹਿਕਾਉਂਦੇ ਹਨ	Theerathh Naavehi Arachaa Poojaa Agar Vaas Behakaar ||	They bathe at sacred shrines of pilgrimage, making offerings of flowers, and burning incense before idols.	ਹਰੇਕ ਤੀਰਥ ਤੇ ਨ੍ਹਾਉਂਦੇ ਹਨ, ਮੂਰਤੀਆਂ ਅਗੇ ਭੇਟਾ ਧਰਦੇ ਹਨ ਤੇ ਚੰਦਨ ਆਦਿਕ ਦੇ ਸੁਗੰਧੀ ਵਾਲੇ ਪਦਾਰਥ ਵਰਤਦੇ ਹਨ।

21044	465	ਜੋਗੀ ਸੁੰਨਿ ਧਿਆਵਨ੍ਹਿ ਜੇਤੇ ਅਲਖ ਨਾਮੁ ਕਰਤਾਰੁ॥	ਅ-ਲਖ:ਪੋਲਾ ਬੋਲੋ	Jogee Sunn Dhhiaavanih Jaethae Alakh Naam Karathaar ||	The Yogis meditate on the absolute Lord there; they call the Creator the Unseen Lord.	ਜੋਗੀ ਲੋਕ ਸਮਾਧੀ ਲਾ ਕੇ ਕਰਤਾਰ ਨੂੰ ਧਿਆਉਂਦੇ ਹਨ ਅਤੇ 'ਅਲਖ, ਅਲਖ' ਉਸ ਦਾ ਨਾਮ ਉਚਾਰਦੇ ਹਨ।
21045	466	ਸੂਖਮ ਮੂਰਤਿ ਨਾਮੁ ਨਿਰੰਜਨ ਕਾਇਆ ਕਾ ਆਕਾਰੁ॥	(ਕਾਇਆ) ਦੇਹ	Sookham Moorath Naam Niranjan Kaaeiaa Kaa Aakaar ||	But to the subtle image of the Immaculate Name, they apply the form of a body.	(ਉਹਨਾਂ ਦੇ ਮਤ ਅਨੁਸਾਰ ਜਿਸ ਦਾ ਉਹ ਸਮਾਧੀ ਵਿਚ ਧਿਆਨ ਧਰਦੇ ਹਨ ਉਹ) ਸੂਖਮ ਸਰੂਪ ਵਾਲਾ ਹੈ, ਉਸ ਉਤੇ ਮਾਇਆ ਦਾ ਪਰਭਾਵ ਨਹੀਂ ਪੈ ਸਕਦਾ ਅਤੇ ਇਹ ਸਾਰਾ (ਜਗਤ ਰੂਪ) ਆਕਾਰ (ਉਸੇ ਦੀ ਹੀ) ਕਾਇਆਂ (ਸਰੀਰ) ਦਾ ਹੈ।
21046	466	ਸਤੀਆ ਮਨਿ ਸੰਤੋਖੁ ਉਪਜੈ ਦੇਣੈ ਕੈ ਵੀਚਾਰਿ॥	(ਸਤੀਆਂ) ਦਾਨੀ। ਸਤੀਆਂ: ਪੋਲਾ ਬੋਲੋ	Satheeaa Man Santhokh Oupajai Dhaenai Kai Veechaar ||	In the minds of the virtuous, contentment is produced, thinking about their giving.	ਜੋ ਮਨੁੱਖ ਦਾਨੀ ਹਨ ਉਹਨਾਂ ਦੇ ਮਨ ਵਿਚ ਖ਼ੁਸ਼ੀ ਪੈਦਾ ਹੁੰਦੀ ਹੈ, ਜਦੋਂ (ਉਹ ਕਿਸੇ ਲੋੜਵੰਦੇ ਨੂੰ) ਕੁਝ ਦੇਣ ਦੀ ਵਿਚਾਰ ਕਰਦੇ ਹਨ;
21047	466	ਦੇ ਦੇ ਮੰਗਹਿ ਸਹਸਾ ਗੂਣਾ ਸੋਭ ਕਰੇ ਸੰਸਾਰੁ॥	(ਹਜ਼ਾਰਾਂ। (ਗੂਣਾ)ਗੁਣਾਂ	Dhae Dhae Mangehi Sehasaa Goonaa Sobh Karae Sansaar ||	They give and give, but ask a thousand-fold more, and hope that the world will honor them.	(ਪਰ ਲੋੜਵੰਦਿਆਂ ਨੂੰ) ਦੇ ਦੇ ਕੇ (ਉਹ ਅੰਦਰੇ ਅੰਦਰ ਕਰਤਾਰ ਪਾਸੋਂ ਉਸ ਤੋਂ) ਹਜ਼ਾਰਾਂ ਗੁਣਾ ਵਧੀਕ ਮੰਗਦੇ ਹਨ ਅਤੇ (ਬਾਹਰ) ਜਗਤ (ਉਨ੍ਹਾਂ ਦੇ ਦਾਨ ਦੀ) ਵਡਿਆਈ ਕਰਦਾ ਹੈ।

21048	466	ਚੋਰਾ ਜਾਰਾ ਤੈ ਕੂੜਿਆਰਾ ਖਾਰਾਬਾ ਵੇਕਾਰ॥	(ਜਾਰਾ) ਵਿਭਚਾਰੀ। (ਵੇਕਾਰ) ਵਿਕਾਰੀ	Choraa Jaaraa Thai Koorriaaraa Khaaraabaa Vaekaar ||	The thieves, adulterers, perjurers, evil-doers and sinners	(ਦੂਜੇ ਪਾਸੇ, ਜਗਤ ਵਿਚ) ਬੇਅੰਤ ਚੋਰ, ਪਰ-ਇਸਤ੍ਰੀ ਗਾਮੀ, ਝੂਠੇ, ਭੈੜੇ ਤੇ ਵਿਕਾਰੀ ਭੀ ਹਨ,
21049	466	ਇਕਿ ਹੋਦਾ ਖਾਇ ਚਲਹਿ ਐਥਾਊ ਤਿਨਾ ਭਿ ਕਾਈ ਕਾਰ॥	(ਐਥਾਊ) ਏਥੋਂ। ਚੱਲਹਿ	Eik Hodhaa Khaae Chalehi Aithhaaoo Thinaa Bh Kaaee Kaar ||	- after using up what good karma they had, they depart; have they done any good deeds here at all?	ਜੋ (ਵਿਕਾਰ ਕਰ ਕਰ ਕੇ) ਪਿਛਲੀ ਕੀਤੀ ਕਮਾਈ ਨੂੰ ਮੁਕਾ ਕੇ (ਇਥੋਂ ਖ਼ਾਲੀ ਹੱਥ) ਤੁਰ ਪੈਂਦੇ ਹਨ (ਪਰ ਇਹ ਕਰਤਾਰ ਦੇ ਰੰਗ ਹਨ) ਉਹਨਾਂ ਨੂੰ ਭੀ (ਉਸੇ ਨੇ ਹੀ) ਕੋਈ ਇਹੋ ਜਿਹੀ ਕਾਰ ਸੌਂਪੀ ਹੋਈ ਹੈ।
21050	466	ਜਲਿ ਥਲਿ ਜੀਆ ਪੁਰੀਆ ਲੋਆ ਆਕਾਰਾ ਆਕਾਰ॥	(ਜੀਆ) ਜੀਵ	Jal Thhal Jeeaa Pureeaa Loaa Aakaaraa Aakaar ||	There are beings and creatures in the water and on the land, in the worlds and universes, form upon form.	ਜਲ ਵਿਚ ਰਹਿਣ ਵਾਲੇ, ਧਰਤੀ ਉੱਤੇ ਵੱਸਣ ਵਾਲੇ, ਬੇਅੰਤ ਪੁਰੀਆਂ, ਲੋਕਾਂ ਅਤੇ ਬ੍ਰਹਿਮੰਡ ਦੇ ਜੀਵ-
21051	466	ਓਇ ਜਿ ਆਖਹਿ ਸੁ ਤੂੰਹੈ ਜਾਣਹਿ ਤਿਨਾ ਭਿ ਤੇਰੀ ਸਾਰ॥	(ਸਾਰ) ਸੰਭਾਲ	Oue J Aakhehi S Thoonhai Jaanehi Thinaa Bh Thaeree Saar ||	Whatever they say, You know; You care for them all.	ਉਹ ਸਾਰੇ ਜੋ ਕੁਝ ਆਖਦੇ ਹਨ ਸਭ ਕੁਝ, (ਹੇ ਕਰਤਾਰ!) ਤੂੰ ਜਾਣਦਾ ਹੈਂ, ਉਹਨਾਂ ਨੂੰ ਤੇਰਾ ਹੀ ਆਸਰਾ ਹੈ।

21052	466	ਨਾਨਕ ਭਗਤਾ ਭੁਖ ਸਾਲਾਹਣੁ ਸਚੁ ਨਾਮੁ ਆਧਾਰੁ॥		Naanak Bhagathaa Bhukh Saalaahan Sach Naam Aadhhaar ||	O Nanak, the hunger of the devotees is to praise You; the True Name is their only support.	ਹੇ ਨਾਨਕ! ਭਗਤ ਜਨਾਂ ਨੂੰ ਕੇਵਲ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨ ਦੀ ਤਾਂਘ ਲੱਗੀ ਹੋਈ ਹੈ, ਹਰੀ ਦਾ ਸਦਾ ਅਟੱਲ ਰਹਿਣ ਵਾਲਾ ਨਾਮ ਹੀ ਉਹਨਾਂ ਦਾ ਆਸਰਾ ਹੈ।
21053	466	ਸਦਾ ਅਨੰਦਿ ਰਹਹਿ ਦਿਨੁ ਰਾਤੀ ਗੁਣਵੰਤਿਆ ਪਾ ਛਾਰੁ॥੧॥	(ਪਾ)ਚਰਨਾਂ ਦੀ (ਛਾਰੁ)ਧੂੜ। ਅ-ਨੰਦਿ	Sadhaa Anandh Rehehi Dhin Raathee Gunavanthiaa Paa Shhaar ||1||	They live in eternal bliss, day and night; they are the dust of the feet of the virtuous. ||1||	ਉਹ ਸਦਾ ਦਿਨ ਰਾਤ ਅਨੰਦ ਵਿਚ ਰਹਿੰਦੇ ਹਨ ਅਤੇ (ਆਪ ਨੂੰ) ਗੁਣਵਾਨਾਂ ਦੇ ਪੈਰਾਂ ਦੀ ਖ਼ਾਕ ਸਮਝਦੇ ਹਨ ॥੧॥
21054	466	ਮਃ ੧॥		Ma 1 ||	First Mehl:	
21055	466	ਮਿਟੀ ਮੁਸਲਮਾਨ ਕੀ ਪੇੜੈ ਪਈ ਕੁਮ੍ਹਿਆਰ॥	ਮਿੱਟੀ। ਕੁਮ੍ਹਿਆਰ ਘੱਘਾ ਨਹੀਂ, ਕੱਕਾ ਬੋਲਣਾ	Mittee Musalamaan Kee Paerrai Pee Kumihaaar ||	The clay of the Muslim's grave becomes clay for the potter's wheel.	(ਮੁਸਲਮਾਨ ਇਹ ਖ਼ਿਆਲ ਕਰਦੇ ਹਨ ਕਿ ਮਰਨ ਤੋਂ ਪਿਛੋਂ ਜਿਨ੍ਹਾਂ ਦਾ ਸਰੀਰ ਸਾੜਿਆ ਜਾਂਦਾ ਹੈ, ਉਹ ਦੋਜ਼ਕ ਦੀ ਅੱਗ ਵਿਚ ਸੜਦੇ ਹਨ, ਪਰ) ਉਸ ਥਾਂ ਦੀ ਮਿੱਟੀ ਭੀ ਜਿੱਥੇ ਮੁਸਲਮਾਨ ਮੁਰਦੇ ਦੱਬਦੇ ਹਨ (ਕਈ ਵਾਰੀ) ਕੁਮ੍ਹਿਆਰ ਦੇ ਵੱਸ ਪੈ ਜਾਂਦੀ ਹੈ (ਭਾਵ, ਉਹ ਮਿੱਟੀ ਚੀਕਣੀ ਹੋਣ ਕਰਕੇ ਕੁਮ੍ਹਿਆਰ ਲੋਕ ਕਈ ਵਾਰੀ ਉਹ ਮਿੱਟੀ ਭਾਂਡੇ ਬਣਾਣ ਲਈ ਲੈ ਆਉਂਦੇ ਹਨ);

21056	466	ਘੜਿ ਭਾਂਡੇ ਇਟਾ ਕੀਆ ਜਲਦੀ ਕਰੇ ਪੁਕਾਰ॥		Gharr Bhaanddae Eittaa Keeaa Jaladhee Karae Pukaar ||	Pots and bricks are fashioned from it, and it cries out as it burns.	(ਕੁਮ੍ਹਿਆਰ ਉਸ ਮਿੱਟੀ ਨੂੰ) ਘੜ ਕੇ (ਉਸ ਦੇ) ਭਾਂਡੇ ਤੇ ਇੱਟਾਂ ਬਣਾਉਂਦਾ ਹੈ, (ਤੇ ਆਵੀ ਵਿਚ ਪੈ ਕੇ, ਉਹ ਮਿੱਟੀ, ਮਾਨੋ) ਸੜਦੀ ਹੋਈ ਪੁਕਾਰ ਕਰਦੀ ਹੈ,
21057	466	ਜਲਿ ਜਲਿ ਰੋਵੈ ਬਪੁੜੀ ਝੜਿ ਝੜਿ ਪਵਹਿ ਅੰਗਿਆਰ॥	(ਬੱਪੁੜੀ) ਵਿਚਾਰੀ	Jal Jal Rovai Bapurree Jharr Jharr Pavehi Angiaar ||	The poor clay burns, burns and weeps, as the fiery coals fall upon it.	ਸੜ ਕੇ ਵਿਚਾਰੀ ਰੋਂਦੀ ਹੈ ਤੇ ਉਸ ਵਿਚੋਂ ਅੰਗਿਆਰੇ ਝੜ ਝੜ ਕੇ ਡਿਗਦੇ ਹਨ,
21058	466	ਨਾਨਕ ਜਿਨਿ ਕਰਤੈ ਕਾਰਣੁ ਕੀਆ ਸੋ ਜਾਣੈ ਕਰਤਾਰੁ॥੨॥		Naanak Jin Karathai Kaaran Keeaa So Jaanai Karathaar ||2||	O Nanak, the Creator created the creation; the Creator Lord alone knows. ||2||	(ਪਰ ਨਿਜਾਤ ਜਾਂ ਦੋਜ਼ਕ ਦਾ ਮੁਰਦਾ ਸਰੀਰ ਦੇ ਸਾੜਨ ਜਾਂ ਦੱਬਣ ਨਾਲ ਕੋਈ ਸੰਬੰਧ ਨਹੀਂ ਹੈ), ਹੇ ਨਾਨਕ! ਜਿਸ ਕਰਤਾਰ ਨੇ ਜਗਤ ਦੀ ਮਾਇਆ ਰਚੀ ਹੈ, ਉਹ (ਅਸਲ ਭੇਦ ਨੂੰ) ਜਾਣਦਾ ਹੈ ॥੨॥
21059	466	ਪਉੜੀ॥		Pourree ||	Pauree:	

21060	466	ਬਿਨੁ ਸਤਿਗੁਰ ਕਿਨੈ ਨ ਪਾਇਓ ਬਿਨੁ ਸਤਿਗੁਰ ਕਿਨੈ ਨ ਪਾਇਆ॥		Bin Sathigur Kinai N Paaeiou Bin Sathigur Kinai N Paaeiaa ||	Without the True Guru, no one has obtained the Lord; without the True Guru, no one has obtained the Lord.	ਕਿਸੇ ਮਨੁੱਖ ਨੂੰ ('ਜਗ ਜੀਵਨੁ ਦਾਤਾ') ਸਤਿਗੁਰ ਤੋਂ ਬਿਨਾ (ਭਾਵ, ਸਤਿਗੁਰੂ ਦੀ ਸ਼ਰਨ ਪੈਣ ਤੋਂ ਬਿਨਾ) ਨਹੀਂ ਮਿਲਿਆ, (ਇਹ ਸੱਚ ਜਾਣੋ ਕਿ) ਕਿਸੇ ਮਨੁੱਖ ਨੂੰ ਸਤਿਗੁਰ ਦੀ ਸ਼ਰਨ ਪੈਣ ਤੋਂ ਬਿਨਾ ('ਜਗ ਜੀਵਨ ਦਾਤਾ') ਨਹੀਂ ਮਿਲਿਆ।
21061	466	ਸਤਿਗੁਰ ਵਿਚਿ ਆਪੁ ਰਖਿਓਨੁ ਕਰਿ ਪਰਗਟੁ ਆਖਿ ਸੁਣਾਇਆ॥		Sathigur Vich Aap Rakhioun Kar Paragatt Aakh Sunaaeiaa ||	He has placed Himself within the True Guru; revealing Himself, He declares this openly.	(ਕਿਉਂਕਿ ਪ੍ਰਭੂ ਨੇ) ਆਪਣੇ ਆਪ ਨੂੰ ਰੱਖਿਆ ਹੀ ਸਤਿਗੁਰੂ ਦੇ ਅੰਦਰ ਹੈ, (ਭਾਵ, ਪ੍ਰਭੂ ਗੁਰੂ ਦੇ ਅੰਦਰ ਸਾਖਿਆਤ ਹੋਇਆ ਹੈ) (ਅਸਾਂ ਹੁਣ ਇਹ ਗੱਲ ਸਭ ਨੂੰ) ਖੁਲ੍ਹਮ-ਖੁਲ੍ਹਾ ਆਖ ਕੇ ਸੁਣਾ ਦਿੱਤੀ ਹੈ।
21062	466	ਸਤਿਗੁਰ ਮਿਲਿਐ ਸਦਾ ਮੁਕਤੁ ਹੈ ਜਿਨਿ ਵਿਚਹੁ ਮੋਹੁ ਚੁਕਾਇਆ॥		Sathigur Miliai Sadhaa Mukath Hai Jin Vichahu Mohu Chukaaeiaa ||	Meeting the True Guru, eternal liberation is obtained; He has banished attachment from within.	ਜੇ (ਇਹੋ ਜਿਹਾ) ਗੁਰੂ, ਜਿਸ ਨੇ ਆਪਣੇ ਅੰਦਰੋਂ (ਮਾਇਆ ਦਾ) ਮੋਹ ਦੂਰ ਕਰ ਦਿੱਤਾ ਹੈ, ਮਨੁੱਖ ਨੂੰ ਮਿਲ ਪਏ ਤਾਂ ਮਨੁੱਖ ਮੁਕਤ (ਭਾਵ, ਮਾਇਕ ਬੰਧਨਾਂ ਤੋਂ ਅਜ਼ਾਦ) ਹੋ ਜਾਂਦਾ ਹੈ।
21063	466	ਉਤਮੁ ਏਹੁ ਬੀਚਾਰੁ ਹੈ ਜਿਨਿ ਸਚੇ ਸਿਉ ਚਿਤੁ ਲਾਇਆ॥		Outham Eaehu Beechaar Hai Jin Sachae Sio Chith Laaeiaa ||	This is the highest thought, that one's consciousness is attached to the True Lord.	(ਹੋਰ ਸਾਰੀਆਂ ਸਿਆਣਪਾਂ ਨਾਲੋਂ) ਇਹ ਵਿਚਾਰ ਸੋਹਣੀ ਹੈ ਕਿ ਜਿਸ ਮਨੁੱਖ ਨੇ ਆਪਣੇ ਗੁਰੂ ਨਾਲ ਚਿੱਤ ਜੋੜਿਆ ਹੈ,

21064	466	ਜਗਜੀਵਨੁ ਦਾਤਾ ਪਾਇਆ॥੬॥	ਜੱਗਜੀਵਨੁ	Jagajeevan Dhaathaa Paaeiaa ||6||	Thus the Lord of the World, the Great Giver is obtained. ||6||	ਉਸ ਨੂੰ ਜਗ-ਜੀਵਨ ਦਾਤਾ ਮਿਲ ਪਿਆ ਹੈ ॥੬॥
21065	466	ਸਲੋਕ ਮਃ ੧॥	ਗ–ਇਆ	Salok Ma 1 ||	Shalok, First Mehl:	
21066	466	ਹਉ ਵਿਚਿ ਆਇਆ ਹਉ ਵਿਚਿ ਗਇਆ॥		Ho Vich Aaeiaa Ho Vich Gaeiaa ||	In ego they come, and in ego they go.	(ਜਦ ਤਾਈਂ ਜੀਵ) 'ਹਉ' ਵਿਚ (ਹੈ, ਭਾਵ, ਰੱਬ ਨਾਲੋਂ ਤੇ ਰੱਬ ਦੀ ਕੁਦਰਤ ਨਾਲੋਂ ਆਪਣੀ ਅੱਡਰੀ ਹਸਤੀ ਬਣਾਈ ਬੈਠਾ ਹੈ, ਤਦ ਤਾਈਂ ਕਦੇ) ਜਗਤ ਵਿਚ ਆਉਂਦਾ ਹੈ (ਕਦੇ) ਜਗਤ ਤੋਂ ਚਲਾ ਜਾਂਦਾ ਹੈ,
21067	466	ਹਉ ਵਿਚਿ ਜੰਮਿਆ ਹਉ ਵਿਚਿ ਮੁਆ॥		Ho Vich Janmiaa Ho Vich Muaa ||	In ego they are born, and in ego they die.	ਕਦੇ ਜੰਮਦਾ ਹੈ, ਕਦੇ ਮਰਦਾ ਹੈ।
21068	466	ਹਉ ਵਿਚਿ ਦਿਤਾ ਹਉ ਵਿਚਿ ਲਇਆ॥		Ho Vich Dhithaa Ho Vich Laeiaa ||	In ego they give, and in ego they take.	ਜੀਵ ਇਸ ਅੱਡਰੀ ਹੋਂਦ ਦੀ ਹੱਦਬੰਦੀ ਵਿਚ ਹੀ ਰਹਿ ਕੇ ਕਦੇ (ਕਿਸੇ ਲੋੜਵੰਦੇ ਨੂੰ) ਦੇਂਦਾ ਹੈ, ਕਦੇ (ਆਪਣੀ ਲੋੜ ਨੂੰ ਪੂਰੀ ਕਰਨ ਲਈ ਕਿਸੇ ਪਾਸੋਂ) ਲੈਂਦਾ ਹੈ।
21069	466	ਹਉ ਵਿਚਿ ਖਟਿਆ ਹਉ ਵਿਚਿ ਗਇਆ॥		Ho Vich Khattiaa Ho Vich Gaeiaa ||	In ego they earn, and in ego they lose.	ਇਸੇ 'ਮੈਂ, ਮੈਂ' ਦੇ ਖ਼ਿਆਲ ਵਿਚ (ਕਿ ਇਹ ਕੰਮ 'ਮੈਂ' ਕਰਦਾ ਹਾਂ, 'ਮੈਂ' ਕਰਦਾ ਹਾਂ) ਕਦੇ ਖੱਟਦਾ ਕਦੇ ਗਵਾਉਂਦਾ ਹੈ।

21070	466	ਹਉ ਵਿਚਿ ਸਚਿਆਰੁ ਕੂੜਿਆਰੁ॥		Ho Vich Sachiaar Koorriaar ||	In ego they become truthful or false.	ਜਿਤਨਾ ਚਿਰ ਜੀਵ ਮੇਰ-ਤੇਰ ਵਾਲੀ ਹੱਦਬੰਦੀ ਵਿਚ ਹੈ, (ਲੋਕਾਂ ਦੀਆਂ ਨਜ਼ਰਾਂ ਵਿਚ) ਕਦੇ ਸੱਚਾ ਹੈ, ਕਦੇ ਝੂਠਾ ਹੈ।
21071	466	ਹਉ ਵਿਚਿ ਪਾਪ ਪੁੰਨ ਵੀਚਾਰੁ॥		Ho Vich Paap Punn Veechaar ||	In ego they reflect on virtue and sin.	ਜਦ ਤਾਈਂ ਆਪਣੇ ਕਾਦਰ ਨਾਲੋਂ ਵੱਖਰੀ ਹੋਂਦ ਦੇ ਭਰਮ ਵਿਚ ਹੈ, ਤਦ ਤਾਈਂ ਆਪਣੇ ਕੀਤੇ ਪਾਪਾਂ ਤੇ ਪੁੰਨਾਂ ਦੀ ਗਿਣਤੀ ਗਿਣਦਾ ਰਹਿੰਦਾ ਹੈ (ਭਾਵ, ਇਹ ਸੋਚਦਾ ਹੈ ਕਿ 'ਮੈਂ' ਇਹ ਭਲੇ ਕੰਮ ਕੀਤੇ ਹਨ, 'ਮੈਂ' ਇਹ ਮਾੜੇ ਕੰਮ ਕੀਤੇ ਹਨ),
21072	466	ਹਉ ਵਿਚਿ ਨਰਕਿ ਸੁਰਗਿ ਅਵਤਾਰੁ॥		Ho Vich Narak Surag Avathaar ||	In ego they go to heaven or hell.	ਤੇ ਇਸੇ ਵਖੇਵੇਂ ਵਿਚ ਰਹਿਣ ਕਰਕੇ (ਭਾਵ, ਰੱਬ ਵਿਚ ਆਪਣਾ ਆਪ ਇਕ-ਰੂਪ ਨਾ ਕਰਨ ਕਰਕੇ) ਕਦੇ ਨਰਕ ਵਿਚ ਪੈਂਦਾ ਹੈ ਕਦੇ ਸੁਰਗ ਵਿਚ।
21073	466	ਹਉ ਵਿਚਿ ਹਸੈ ਹਉ ਵਿਚਿ ਰੋਵੈ॥		Ho Vich Hasai Ho Vich Rovai ||	In ego they laugh, and in ego they weep.	ਜਦ ਤਾਈਂ ਆਪਣੇ ਕਰਤਾਰ ਨਾਲੋਂ ਵੱਖਰੀ ਹੋਂਦ ਵਿਚ ਜੀਵ ਬੱਝਾ ਪਿਆ ਹੈ, ਤਦ ਤਕ ਕਦੇ ਹੱਸਦਾ ਹੈ ਕਦੇ ਰੋਂਦਾ ਹੈ (ਭਾਵ, ਆਪਣੇ ਆਪ ਨੂੰ ਕਦੇ ਸੁਖੀ ਸਮਝਦਾ ਹੈ ਕਦੇ ਦੁੱਖੀ।)

21074	466	ਹਉ ਵਿਚਿ ਭਰੀਐ ਹਉ ਵਿਚਿ ਧੋਵੈ॥	ਪਾਪਾਂ ਦੀ ਮੈਲ਼ ਨਾਲ (ਭਰੀਐ) ਭਰ ਜਾਂਦਾ	Ho Vich Bhareeai Ho Vich Dhhovai ||	In ego they become dirty, and in ego they are washed clean.	ਰੱਬ ਨਾਲੋਂ ਆਪਣੀ ਹਸਤੀ ਵੱਖਰੀ ਰੱਖਣ ਕਰ ਕੇ ਕਦੇ ਉਸ ਦਾ ਮਨ ਪਾਪਾਂ ਦੀ ਮੈਲ ਵਿਚ ਲਿਬੜ ਜਾਂਦਾ ਹੈ, ਕਦੇ ਉਹ (ਆਪਣੇ ਹੀ ਉੱਦਮ ਦੇ ਆਸਰੇ) ਉਸ ਮੈਲ ਨੂੰ ਧੋਂਦਾ ਹੈ।
21075	466	ਹਉ ਵਿਚਿ ਜਾਤੀ ਜਿਨਸੀ ਖੋਵੈ॥	(ਪਾਤੀ) ਸ਼੍ਰੇਣੀ, ਕਿਸਮ	Ho Vich Jaathee Jinasee Khovai ||	In ego they lose social status and class.	ਇਸ ਵਖਰੀ ਹੋਂਦ ਵਿਚ ਗ੍ਰਸਿਆ ਹੋਇਆ ਜੀਵ ਕਦੇ ਜ਼ਾਤਪਾਤ ਦੇ ਖ਼ਿਆਲ ਵਿਚ ਪੈ ਕੇ (ਭਾਵ ਇਹ ਖ਼ਿਆਲ ਕਰ ਕੇ ਕਿ ਮੈਂ ਉੱਚੀ ਜਾਤੀ ਦਾ ਹਾਂ ਆਪਣਾ ਆਪ) ਗਵਾ ਲੈਂਦਾ ਹੈ।
21076	466	ਹਉ ਵਿਚਿ ਮੂਰਖੁ ਹਉ ਵਿਚਿ ਸਿਆਣਾ॥		Ho Vich Moorakh Ho Vich Siaanaa ||	In ego they are ignorant, and in ego they are wise.	ਜਿਤਨਾ ਚਿਰ ਜੀਵ ਆਪਣੀ ਵੱਖਰੀ ਹੋਂਦ ਦੀ ਚਾਰ-ਦੀਵਾਰੀ ਦੇ ਅੰਦਰ ਹੈ, ਇਹ (ਲੋਕਾਂ ਦੀ ਨਜ਼ਰ ਵਿਚ) ਕਦੇ ਮੂਰਖ (ਗਿਣਿਆ ਜਾਂਦਾ) ਹੈ ਕਦੇ ਸਿਆਣਾ।
21077	466	ਮੋਖ ਮੁਕਤਿ ਕੀ ਸਾਰ ਨ ਜਾਣਾ॥		Mokh Mukath Kee Saar N Jaanaa ||	They do not know the value of salvation and liberation.	(ਪਰ ਭਾਵੇਂ ਇਹ ਮੂਰਖ ਸਮਝਿਆ ਜਾਏ ਤੇ ਭਾਵੇਂ ਸਿਆਣਾ, ਜਦ ਤਕ ਇਸ ਹੱਦ-ਬੰਦੀ ਦੇ ਵਿਚ ਬੱਝਾ ਹੋਇਆ ਹੈ, ਇਸ ਹੱਦਬੰਦੀ ਤੋਂ ਬਾਹਰ ਹੋਣ ਦੀ, ਭਾਵ) ਮੋਖ ਮੁਕਤੀ ਦੀ ਸਮਝ ਇਸ ਨੂੰ ਨਹੀਂ ਆ ਸਕਦੀ।

21078	466	ਹਉ ਵਿਚਿ ਮਾਇਆ ਹਉ ਵਿਚਿ ਛਾਇਆ॥	(ਛਾਇਆ) ਅਵਿੱਦਿਆ	Ho Vich Maaeiaa Ho Vich Shhaaeiaa ||	In ego they love Maya, and in ego they are kept in darkness by it.	ਜਦ ਤਾਈਂ ਰੱਬ ਤੋਂ ਵਿਛੋੜੇ ਦੀ ਹਾਲਤ ਵਿਚ ਹੈ, ਤਦ ਤਾਈਂ ਜੀਵ 'ਮਾਇਆ ਮਾਇਆ' (ਕੂਕਦਾ ਫਿਰਦਾ ਹੈ), ਤਦ ਤਾਈਂ ਇਸ ਉਤੇ ਮਾਇਆ ਦਾ ਪਰਭਾਵ ਪਿਆ ਹੋਇਆ ਹੈ;
21079	466	ਹਉਮੈ ਕਰਿ ਕਰਿ ਜੰਤ ਉਪਾਇਆ॥		Houmai Kar Kar Janth Oupaaeiaa ||	Living in ego, mortal beings are created.	ਰੱਬ ਤੋਂ ਵਿਛੜਿਆ ਰਹਿ ਕੇ ਜੀਵ ਮੁੜ ਮੁੜ ਪੈਦਾ ਹੁੰਦਾ ਹੈ।
21080	466	ਹਉਮੈ ਬੂਝੈ ਤਾ ਦਰੁ ਸੂਝੈ॥		Houmai Boojhai Thaa Dhar Soojhai ||	When one understands ego, then the Lord's gate is known.	ਜਦੋਂ ਰੱਬ ਤੋਂ ਵਿਛੋੜੇ ਵਾਲੀ ਹਾਲਤ ਨੂੰ ਸਮਝ ਲੈਂਦਾ ਹੈ, ਭਾਵ, ਜਦੋਂ ਇਸ ਨੂੰ ਸੂਝ ਪੈਂਦੀ ਹੈ ਕਿ ਮੈਂ ਆਪਣੀ ਵਖੇਵੇਂ ਵਾਲੀ ਹੱਦਬੰਦੀ ਵਿਚ ਕੈਦ ਹਾਂ, (ਰੱਬ ਨਾਲੋਂ ਟੁਟਿਆ ਪਿਆ ਹਾਂ) ਤਦੋਂ ਇਸ ਨੂੰ ਰੱਬ ਦਾ ਦਰਵਾਜ਼ਾ ਲੱਭ ਪੈਂਦਾ ਹੈ,
21081	466	ਗਿਆਨ ਵਿਹੂਣਾ ਕਥਿ ਕਥਿ ਲੂਝੈ॥	(ਕਥਿ ਕਥਿ:ਪੋਲੇ) ਕਹਿ ਕਹਿ ਕੇ (ਲੂਝੈ) ਝਗੜਦਾ ਰਹਿੰਦਾ	Giaan Vihoonaa Kathh Kathh Loojhai ||	Without spiritual wisdom, they babble and argue.	(ਨਹੀਂ ਤਾਂ) ਜਦ ਤਕ ਇਸ ਗਿਆਨ ਤੋਂ ਸੱਖਣਾ ਹੈ, ਤਦ ਤਾਈਂ (ਜ਼ਬਾਨੀ) ਗਿਆਨ ਦੀਆਂ ਗੱਲਾਂ ਆਖ ਆਖ ਕੇ (ਆਪਣੇ ਆਪ ਨੂੰ ਗਿਆਨਵਾਨ ਜਾਣ ਕੇ ਸਗੋਂ ਆਪਣਾ ਅੰਦਰ) ਲੂੰਹਦਾ ਹੈ।
21082	466	ਨਾਨਕ ਹੁਕਮੀ ਲਿਖੀਐ ਲੇਖੁ॥		Naanak Hukamee Likheeai Laekh ||	O Nanak, by the Lord's Command, destiny is recorded.	ਹੇ ਨਾਨਕ! ਇਹ ਲੇਖ (ਭੀ) ਰੱਬ ਦੇ ਹੁਕਮ ਵਿਚ ਹੀ ਲਿਖਿਆ ਜਾਂਦਾ ਹੈ।

21083	466	ਜੇਹਾ ਵੇਖਹਿ ਤੇਹਾ ਵੇਖੁ॥੧॥		Jaehaa Vaekhehi Thaehaa Vaekh ||1||	As the Lord sees us, so are we seen. ||1||	ਜੀਵ ਜਿਵੇਂ ਜਿਵੇਂ ਵੇਖਦੇ ਹਨ, ਤਿਹੋ ਜਿਹਾ ਉਹਨਾਂ ਦਾ ਸਰੂਪ ਬਣ ਜਾਂਦਾ ਹੈ (ਭਾਵ, ਜਿਸ ਜਿਸ ਨੀਯਤ ਨਾਲ ਦੂਜੇ ਮਨੁੱਖਾਂ ਨਾਲ ਵਰਤਦੇ ਹਨ, ਉਸੇ ਤਰ੍ਹਾਂ ਦੇ ਅੰਦਰ ਸੰਸਕਾਰ ਇਕੱਠੇ ਹੋ ਕੇ ਉਹੋ ਜਿਹਾ ਉਨ੍ਹਾਂ ਦਾ ਆਪਣਾ ਵੱਖਰਾ ਮਾਨਸਕ-ਸਰੂਪ ਬਣ ਜਾਂਦਾ ਹੈ, ਉਹੋ ਜਿਹੀ ਉਹਨਾਂ ਦੀ ਵਖਰੀ ਹਸਤੀ ਬਣ ਜਾਂਦੀ ਹੈ; ਉਹੋ ਜਿਹੀ ਉਹਨਾਂ ਦੀ 'ਹਉ' ਬਣ ਜਾਂਦੀ ਹੈ। ਹਰੇਕ ਜੀਵ ਦੀ ਇਹ ਵਖੋ ਵਖਰੀ ਹਸਤੀ, ਵਖੋ ਵਖਰੀ 'ਹਉ' ਰੱਬ ਦੇ ਹੁਕਮ ਦੇ ਅਨੁਸਾਰ ਹੀ ਬਣਦੀ ਹੈ, ਰੱਬ ਦਾ ਇਕ ਅਜਿਹਾ ਨਿਯਮ ਬੱਝਾ ਹੋਇਆ ਹੈ ਕਿ ਹਰੇਕ ਮਨੁੱਖ ਦੇ ਆਪਣੇ ਕੀਤੇ ਕਰਮਾਂ ਦੇ ਸੰਸਕਾਰ ਅਨੁਸਾਰ, ਉਸ ਦੇ ਆਲੇ ਦੁਆਲੇ ਆਪਣੇ ਹੀ ਇਹਨਾਂ ਸੰਸਕਾਰਾਂ ਦਾ ਜਾਲ ਤਣਿਆ ਜਾ ਕੇ, ਉਸ ਰੱਬੀ ਨਿਯਮ ਅਨੁਸਾਰ ਮਨੁੱਖ ਦੀ ਆਪਣੀ ਇਕ ਵਖਰੀ ਸੁਆਰਥੀ ਹਸਤੀ ਬਣ ਜਾਂਦੀ ਹੈ ॥੧॥
21084	466	ਮਹਲਾ ੨॥		Mehalaa 2 ||	Second Mehl:	

21085	466	ਹਉਮੈ ਏਹਾ ਜਾਤਿ ਹੈ ਹਉਮੈ ਕਰਮ ਕਮਾਹਿ॥		Houmai Eaehaa Jaath Hai Houmai Karam Kamaahi ||	This is the nature of ego, that people perform their actions in ego.	'ਹਉਮੈ' ਦਾ ਸੁਭਾਉ ਇਹੀ ਹੈ (ਭਾਵ, ਜੇ ਰੱਬ ਨਾਲੋਂ ਵਖਰੀ ਅਪਣੱਤ ਬਣੀ ਰਹੇ ਤਾਂ ਉਸ ਦਾ ਸਿੱਟਾ ਇਹੀ ਨਿਲਕਦਾ ਹੈ ਕਿ ਜੀਵ) ਉਹੀ ਕੰਮ ਕਰਦੇ ਹਨ, ਜਿਨ੍ਹਾਂ ਨਾਲ ਇਹ ਵਖਰੀ ਹੋਂਦ ਟਿਕੀ ਰਹੇ।
21086	466	ਹਉਮੈ ਏਈ ਬੰਧਨਾ ਫਿਰਿ ਫਿਰਿ ਜੋਨੀ ਪਾਹਿ॥	(ਬੰਧਨਾ) ਬੰਧਨ ਰੂਪ	Houmai Eaeee Bandhhanaa Fir Fir Jonee Paahi ||	This is the bondage of ego, that time and time again, they are reborn.	ਇਸ ਵਖਰੀ ਹੋਂਦ ਦੇ ਬੰਧਨ ਭੀ ਇਹੀ ਹਨ (ਭਾਵ, ਵਖਰੀ ਹੋਂਦ ਦੇ ਆਸਰੇ ਕੀਤੇ ਹੋਏ ਕੰਮਾਂ ਦੇ ਸੰਸਕਾਰ ਰੂਪ ਜ਼ੰਜੀਰ ਭੀ ਇਹੀ ਹਨ, ਜਿਨ੍ਹਾਂ ਦੇ ਅੰਦਰ ਘੇਰੇ ਹੋਏ ਜੀਵ) ਮੁੜ ਮੁੜ ਜੂਨਾਂ ਵਿਚ ਪੈਂਦੇ ਹਨ।
21087	466	ਹਉਮੈ ਕਿਥਹੁ ਊਪਜੈ ਕਿਤੁ ਸੰਜਮਿ ਇਹ ਜਾਇ॥	(ਸੰਜਮਿ) ਜੁਗਤੀ ਨਾਲ	Houmai Kithhahu Oopajai Kith Sanjam Eih Jaae ||	Where does ego come from? How can it be removed?	(ਸੁਤੇ ਹੀ ਮਨ ਵਿਚ ਪ੍ਰਸ਼ਨ ਉਠਦਾ ਹੈ ਕਿ ਜੀਵ ਦਾ) ਇਹ ਅੱਡਰੀ ਹਸਤੀ ਵਾਲਾ ਭਰਮ ਕਿੱਥੋਂ ਪੈਦਾ ਹੁੰਦਾ ਹੈ ਅਤੇ ਕਿਸ ਤਰੀਕੇ ਨਾਲ ਇਹ ਦੂਰ ਹੋ ਸਕਦਾ ਹੈ।

21088	466	ਹਉਮੈ ਏਹੋ ਹੁਕਮੁ ਹੈ ਪਇਐ ਕਿਰਤਿ ਫਿਰਾਹਿ॥		Houmai Eaeho Hukam Hai Paeiai Kirath Firaahi ||	This ego exists by the Lord's Order; people wander according to their past actions.	(ਇਸ ਦਾ ਉੱਤਰ ਇਹ ਹੈ ਕਿ) ਇਹ ਵਖਰੀ ਸ਼ਖ਼ਸੀਅਤ-ਬਣਾਨ ਵਾਲਾ ਰੱਬ ਦਾ ਹੁਕਮ ਹੈ ਅਤੇ ਜੀਵ ਪਿਛਲੇ ਕੀਤੇ ਹੋਏ ਕੰਮਾਂ ਦੇ ਸੰਸਕਾਰਾਂ ਅਨੁਸਾਰ ਮੁੜ ਉਹਨਾਂ ਹੀ ਕੰਮਾਂ ਨੂੰ ਕਰਨ ਵਲ ਦੌੜਦੇ ਹਨ (ਭਾਵ, ਪਹਿਲੀ ਹੀ ਸ਼ਖ਼ਸੀਅਤ ਨੂੰ ਕਾਇਮ ਰੱਖਣ ਵਾਲੇ ਕੰਮ ਕਰਨਾ ਲੋਚਦੇ ਹਨ)।
21089	466	ਹਉਮੈ ਦੀਰਘ ਰੋਗੁ ਹੈ ਦਾਰੂ ਭੀ ਇਸੁ ਮਾਹਿ॥	(ਦੀਰਘ) ਵੱਡਾ	Houmai Dheeragh Rog Hai Dhaaroo Bhee Eis Maahi ||	Ego is a chronic disease, but it contains its own cure as well.	ਇਹ ਹਉਮੈ ਇਕ ਲੰਮਾ ਰੋਗ ਹੈ, ਪਰ ਇਹ ਲਾ-ਇਲਾਜ ਨਹੀਂ ਹੈ।
21090	466	ਕਿਰਪਾ ਕਰੇ ਜੇ ਆਪਣੀ ਤਾ ਗੁਰ ਕਾ ਸਬਦੁ ਕਮਾਹਿ॥		Kirapaa Karae Jae Aapanee Thaa Gur Kaa Sabadh Kamaahi ||	If the Lord grants His Grace, one acts according to the Teachings of the Guru's Shabad.	ਜੇ ਪ੍ਰਭੂ ਆਪਣੀ ਮਿਹਰ ਕਰੇ, ਤਾਂ ਜੀਵ ਗੁਰੂ ਦਾ ਸ਼ਬਦ ਕਮਾਂਦੇ ਹਨ।
21091	466	ਨਾਨਕੁ ਕਹੈ ਸੁਣਹੁ ਜਨਹੁ ਇਤੁ ਸੰਜਮਿ ਦੁਖ ਜਾਹਿ॥੨॥		Naanak Kehai Sunahu Janahu Eith Sanjam Dhukh Jaahi ||2||	Nanak says, listen, people: in this way, troubles depart. ||2||	ਨਾਨਕ ਆਖਦਾ ਹੈ, ਹੇ ਲੋਕੋ! ਇਸ ਤਰੀਕੇ ਨਾਲ (ਹਉਮੈ ਰੂਪੀ ਦੀਰਘ ਰੋਗ ਤੋਂ ਪੈਦਾ ਹੋਏ ਹੋਏ) ਦੁੱਖ ਦੂਰ ਹੋ ਜਾਂਦੇ ਹਨ ॥੨॥
21092	466	ਪਉੜੀ॥		Pourree ||	Pauree:	

21093	466	ਸੇਵ ਕੀਤੀ ਸੰਤੋਖੀਈਂ ਜਿਨ੍ਹੀ ਸਚੋ ਸਚੁ ਧਿਆਇਆ॥	ਸੰਤੋਖੀ-ਇ੍ਹੀ	Saev Keethee Santhokheeeanaee Jinhee Sacho Sach Dhhiaaeiaa ||	Those who serve are content. They meditate on the Truest of the True.	ਜਿਹੜੇ ਸੰਤੋਖੀ ਮਨੁੱਖ ਸਦਾ ਇਕ ਅਬਿਨਾਸ਼ੀ ਪ੍ਰਭੂ ਨੂੰ ਸਿਮਰਦੇ ਹਨ, (ਪ੍ਰਭੂ ਦੀ) ਸੇਵਾ ਉਹੀ ਕਰਦੇ ਹਨ।
21094	467	ਓਨ੍ਹੀ ਮੰਦੈ ਪੈਰੁ ਨ ਰਖਿਓ ਕਰਿ ਸੁਕ੍ਰਿਤੁ ਧਰਮੁ ਕਮਾਇਆ॥	(ਸੁ-ਕ੍ਰਿਤੁ) ਭਲੇ ਕੰਮ	Ounhee Mandhai Pair N Rakhiou Kar Sukirath Dhharam Kamaaeiaa ||	They do not place their feet in sin, but do good deeds and live righteously in Dharma.	ਉਹ ਕਦੇ ਮੰਦੇ ਕੰਮ ਦੇ ਨੇੜੇ ਨਹੀਂ ਜਾਂਦੇ, ਭਲਾ ਕੰਮ ਕਰਦੇ ਹਨ ਅਤੇ ਧਰਮ-ਅਨੁਸਾਰ ਆਪਣਾ ਜੀਵਨ ਨਿਬਾਹੁੰਦੇ ਹਨ।
21095	467	ਓਨ੍ਹੀ ਦੁਨੀਆ ਤੋੜੇ ਬੰਧਨਾ ਅੰਨੁ ਪਾਣੀ ਥੋੜਾ ਖਾਇਆ॥		Ounhee Dhuneeaa Thorrae Bandhhanaa Ann Paanee Thhorraa Khaaeiaa ||	They burn away the bonds of the world, and eat a simple diet of grain and water.	ਦੁਨੀਆ ਦੇ ਧੰਧਿਆਂ ਵਿਚ ਖਚਤ ਕਰਨ ਵਾਲੇ ਮਾਇਆ ਦੇ ਮੋਹ ਰੂਪ ਜ਼ੰਜੀਰ ਉਹਨਾਂ ਤੋੜ ਦਿੱਤੇ ਹਨ, ਥੋੜਾ ਖਾਂਦੇ ਹਨ, ਅਤੇ ਥੋੜਾ ਹੀ ਪੀਂਦੇ ਹਨ (ਭਾਵ, ਖਾਣ ਪੀਣ ਚਸਕੇ ਦੀ ਖ਼ਾਤਰ ਨਹੀਂ, ਸਰੀਰਕ ਨਿਰਬਾਹ ਵਾਸਤੇ ਹੈ)।
21096	467	ਤੂੰ ਬਖਸੀਸੀ ਅਗਲਾ ਨਿਤ ਦੇਵਹਿ ਚੜਹਿ ਸਵਾਇਆ॥	(ਅਗਲਾ) ਬਹੁਤ। (ਚੜ੍ਹਹਿ) ਵਧਦਾ (ਸਵਾਇਆ) ਬਹੁਤ ਸਦਾ ਹੀ	Thoon Bakhaseesee Agalaa Nith Dhaevehi Charrehi Savaaeiaa ||	You are the Great Forgiver; You give continually, more and more each day.	'ਹੇ ਪ੍ਰਭੂ! ਤੂੰ ਬੜੀਆਂ ਬਖ਼ਸ਼ਸ਼ਾਂ ਕਰਨ ਵਾਲਾ ਹੈਂ, ਸਦਾ ਜੀਵਾਂ ਨੂੰ ਦਾਤਾਂ ਬਖ਼ਸ਼ਦਾ ਹੈਂ,'

21097	467	ਵਡਿਆਈ ਵਡਾ ਪਾਇਆ॥੭॥		Vaddiaaee Vaddaa Paaeiaa ||7||	By His greatness, the Great Lord is obtained. ||7||	ਇਸ ਤਰ੍ਹਾਂ ਦੀ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ਕੇ ਉਹ ਸੰਤੋਖੀ ਮਨੁੱਖ ਪ੍ਰਭੂ ਨੂੰ ਪ੍ਰਾਪਤ ਕਰ ਲੈਂਦੇ ਹਨ ॥੭॥
21098	467	ਸਲੋਕ ਮਃ ੧॥		Salok Ma 1 ||	Shalok, First Mehl:	
21099	467	ਪੁਰਖਾਂ ਬਿਰਖਾਂ ਤੀਰਥਾਂ ਤਟਾਂ ਮੇਘਾਂ ਖੇਤਾਂਹ॥	(ਪੁਰਖਾਂ) ਮਨੁੱਖਾਂ। (ਤਟਾਂ) ਕਿਨਾਰੇ। ਤਟਾਂ:ਪੋਲਾ ਬੋਲੋ	Purakhaan Birakhaan Theerathhaan Thattaan Maeghaan Khaethaanh ||	Men, trees, sacred shrines of pilgrimage, banks of sacred rivers, clouds, fields,	ਮਨੁੱਖ, ਰੁੱਖ, ਤੀਰਥ, ਤਟ (ਭਾਵ, ਨਦੀਆਂ) ਬੱਦਲ, ਖੇਤ,
21100	467	ਦੀਪਾਂ ਲੋਆਂ ਮੰਡਲਾਂ ਖੰਡਾਂ ਵਰਭੰਡਾਂਹ॥		Dheepaan Loaaan Manddalaan Khanddaan Varabhanddaanh ||	Islands, continents, worlds, solar systems, and universes;	ਦੀਪ, ਲੋਕ, ਮੰਡਲ, ਖੰਡ, ਬ੍ਰਹਿਮੰਡ, ਸਰ, ਮੇਰ ਆਦਿਕ ਪਰਬਤ,
21101	467	ਅੰਡਜ ਜੇਰਜ ਉਤਭੁਜਾਂ ਖਾਣੀ ਸੇਤਜਾਂਹ॥		Anddaj Jaeraj Outhabhujaan Khaanee Saethajaanh ||	The four sources of creation - born of eggs, born of the womb, born of the earth and born of sweat;	ਚਾਰੇ ਖਾਣੀਆਂ (ਅੰਡਜ, ਜੇਰਜ, ਉਤਭੁਜ, ਸੇਤਜ) ਦੇ ਜੀਵ ਜੰਤ-
21102	467	ਸੋ ਮਿਤਿ ਜਾਣੈ ਨਾਨਕਾ ਸਰਾਂ ਮੇਰਾਂ ਜੰਤਾਹ॥	(ਸਰਾਂ) ਸਰੋਵਰਾਂ। (ਮੇਰਾਂ) ਪਹਾੜਾਂ। ਮਿਤਿ: ਪੋਲਾ ਬੋਲੋ	So Mith Jaanai Naanakaa Saraan Maeraan Janthaah ||	Oceans, mountains, and all beings - O Nanak, He alone knows their condition.	ਇਹਨਾਂ ਸਭਨਾਂ ਦੀ ਗਿਣਤੀ ਦਾ ਅੰਦਾਜ਼ਾ ਉਹੀ ਪ੍ਰਭੂ ਜਾਣਦਾ ਹੈ (ਜਿਸ ਨੇ ਇਹ ਸਭ ਪੈਦਾ ਕੀਤੇ ਹਨ)।

21103	467	ਨਾਨਕ ਜੰਤ ਉਪਾਇ ਕੈ ਸੰਮਾਲੇ ਸਭਨਾਹ॥		Naanak Janth Oupaae Kai Sanmaalae Sabhanaah ||	O Nanak, having created the living beings, He cherishes them all.	ਹੇ ਨਾਨਕ! ਸਾਰੇ ਜੀਅ ਜੰਤ ਪੈਦਾ ਕਰ ਕੇ, ਪ੍ਰਭੂ ਉਹਨਾਂ ਸਭਨਾਂ ਦੀ ਪਾਲਨਾ ਭੀ ਕਰਦਾ ਹੈ।
21104	467	ਜਿਨਿ ਕਰਤੈ ਕਰਣਾ ਕੀਆ ਚਿੰਤਾ ਭਿ ਕਰਣੀ ਤਾਹ॥	(ਤਾਹ) ਤਿਸ ਨੂੰ	Jin Karathai Karanaa Keeaa Chinthaa Bh Karanee Thaah ||	The Creator who created the creation, takes care of it as well.	ਜਿਸ ਕਰਤਾਰ ਨੇ ਇਹ ਸ੍ਰਿਸ਼ਟੀ ਰਚੀ ਹੈ, ਇਸ ਦੀ ਪਾਲਨਾ ਦਾ ਫ਼ਿਕਰ ਭੀ ਉਸੇ ਨੂੰ ਹੀ ਹੈ।
21105	467	ਸੋ ਕਰਤਾ ਚਿੰਤਾ ਕਰੇ ਜਿਨਿ ਉਪਾਇਆ ਜਗੁ॥	ਜੱਗੁ	So Karathaa Chinthaa Karae Jin Oupaaeiaa Jag ||	He, the Creator who formed the world, cares for it.	ਜਿਸ ਕਰਤਾਰ ਨੇ ਜਗਤ ਪੈਦਾ ਕੀਤਾ ਹੈ, ਉਹੀ ਇਹਨਾਂ ਦਾ ਖ਼ਿਆਲ ਰੱਖਦਾ ਹੈ।
21106	467	ਤਿਸੁ ਜੋਹਾਰੀ ਸੁਅਸਤਿ ਤਿਸੁ ਤਿਸੁ ਦੀਬਾਣੁ ਅਭਗੁ॥	(ਜੋਹਾਰੀ)ਨਮਸਕਾਰ। ਤਿਸੁ ਘਰ ਸਦਾ (ਸੁਅਸਤਿ) ਸੁਖ ਹੈ। (ਦੀਬਾਣੁ)ਸਾਧਸੰਗਤ। (ਅ ਭੱਗੁ)ਨਾਸ ਰਹਿਤ	This Johaaree Suasath This This Dheebaan Abhag ||	Unto Him I bow and offer my reverence; His Royal Court is eternal.	ਮੈਂ ਉਸੇ ਤੋਂ ਸਦਕੇ ਹਾਂ, ਉਸੇ ਦੀ ਜੈ ਜੈਕਾਰ ਆਖਦਾ ਹਾਂ (ਭਾਵ, ਉਸੇ ਦੀ ਸਿਫ਼ਤਿ-ਸਾਲਾਹ ਕਰਦਾ ਹਾਂ) ਉਸ ਪ੍ਰਭੂ ਦਾ ਆਸਰਾ (ਜੀਵ ਵਾਸਤੇ) ਸਦਾ ਅਟੱਲ ਹੈ।
21107	467	ਨਾਨਕ ਸਚੇ ਨਾਮ ਬਿਨੁ ਕਿਆ ਟਿਕਾ ਕਿਆ ਤਗੁ॥੧॥	(ਤੱਗੁ) ਜਨੇਊ। ਟਿੱਕਾ	Naanak Sachae Naam Bin Kiaa Ttikaa Kiaa Thag ||1||	O Nanak, without the True Name, of what use is the frontal mark of the Hindus, or their sacred thread? ||1||	ਹੇ ਨਾਨਕ! ਉਸ ਹਰੀ ਦਾ ਸੱਚਾ ਨਾਮ ਸਿਮਰਨ ਤੋਂ ਬਿਨਾ ਟਿੱਕਾ ਜਨੇਊ ਆਦਿਕ ਧਾਰਮਕ ਭੇਖ ਕਿਸੇ ਅਰਥ ਨਹੀਂ ॥੧॥
21108	467	ਮਃ ੧॥	ਲੱਖ	Ma 1 ||	First Mehl:	

21109	467	ਲਖ ਨੇਕੀਆ ਚੰਗਿਆਈਆ ਲਖ ਪੁੰਨਾ ਪਰਵਾਣੁ॥		Lakh Naekeeaa Changiaaeeaa Lakh Punnaa Paravaan ||	Hundreds of thousands of virtues and good actions, and hundreds of thousands of blessed charities,	ਲੱਖਾਂ ਨੇਕੀ ਦੇ ਤੇ ਚੰਗੇ ਕੰਮ ਕੀਤੇ ਜਾਣ, ਲੱਖਾਂ ਕੰਮ ਧਰਮ ਦੇ ਕੀਤੇ ਜਾਣ, ਜੋ ਲੋਕਾਂ ਦੀਆਂ ਨਜ਼ਰਾਂ ਵਿਚ ਭੀ ਚੰਗੇ ਪ੍ਰਤੀਤ ਹੋਣ;
21110	467	ਲਖ ਤਪ ਉਪਰਿ ਤੀਰਥਾਂ ਸਹਜ ਜੋਗ ਬੇਬਾਣ॥	(ਬੇਬਾਣ)ਉਜਾੜ	Lakh Thap Oupar Theerathhaan Sehaj Jog Baebaan ||	Hundreds of thousands of penances at sacred shrines, and the practice of Sehj Yoga in the wilderness,	ਤੀਰਥਾਂ ਉੱਤੇ ਜਾ ਕੇ ਲੱਖਾਂ ਤਪ ਸਾਧੇ ਜਾਣ, ਜੰਗਲਾਂ ਵਿਚ ਜਾ ਕੇ ਸੁੰਨ ਸਮਾਧੀ ਵਿਚ ਟਿਕ ਕੇ ਜੋਗ-ਸਾਧਨ ਕੀਤੇ ਜਾਣ;
21111	467	ਲਖ ਸੂਰਤਣ ਸੰਗਰਾਮ ਰਣ ਮਹਿ ਛੁਟਹਿ ਪਰਾਣ॥	(ਸੂ–ਰੱਤਣ) ਸੂਰਮਾਪੁਣਾ। (ਸੰਗਰਾਮ) ਜੰਗ	Lakh Soorathan Sangaraam Ran Mehi Shhuttehi Paraan ||	Hundreds of thousands of courageous actions and giving up the breath of life on the field of battle,	ਰਣ-ਭੂਮੀਆਂ ਵਿਚ ਜਾ ਕੇ ਸੂਰਮਿਆਂ ਵਾਲੇ ਬੇਅੰਤ ਬਹਾਦਰੀ ਦੇ ਕਾਰਨਾਮੇ ਵਿਖਾਏ ਜਾਣ, ਜੰਗ ਵਿਚ (ਹੀ ਵੈਰੀ ਦੇ ਸਨਮੁਖ ਹੋ ਕੇ) ਜਾਨ ਦਿੱਤੀ ਜਾਏ,
21112	467	ਲਖ ਸੁਰਤੀ ਲਖ ਗਿਆਨ ਧਿਆਨ ਪੜੀਅਹਿ ਪਾਠ ਪੁਰਾਣ॥	ਪੜ੍ਹੀਅਹਿ	Lakh Surathee Lakh Giaan Dhhiaan Parreeahi Paath Puraan ||	Hundreds of thousands of divine understandings, hundreds of thousands of divine wisdoms and meditations and readings of the Vedas and the Puraanas	ਲੱਖਾਂ (ਤਰੀਕਿਆਂ ਨਾਲ) ਸੁਰਤ ਪਕਾਈ ਜਾਵੇ, ਗਿਆਨ-ਚਰਚਾ ਕੀਤੀ ਜਾਏ ਤੇ ਮਨ ਨੂੰ ਇਕਾਗਰ ਕਰਨ ਦੇ ਜਤਨ ਕੀਤੇ ਜਾਣ, ਬੇਅੰਤ ਵਾਰੀ ਹੀ ਪੁਰਾਣ ਆਦਿਕ ਧਰਮ ਪੁਸਤਕਾਂ ਦੇ ਪਾਠ ਪੜ੍ਹੇ ਜਾਣ;

21113	467	ਜਿਨਿ ਕਰਤੈ ਕਰਣਾ ਕੀਆ ਲਿਖਿਆ ਆਵਣ ਜਾਣੁ॥		Jin Karathai Karanaa Keeaa Likhiaa Aavan Jaan ||	- before the Creator who created the creation, and who ordained coming and going,	ਜਿਸ ਨੇ ਇਹ ਸਾਰੀ ਸ੍ਰਿਸ਼ਟੀ ਰਚੀ ਹੈ ਤੇ ਜਿਸ ਨੇ ਜੀਵਾਂ ਦਾ ਜੰਮਣਾ ਮਰਨਾ ਨੀਯਤ ਕੀਤਾ ਹੈ (ਉਸ ਦੀ ਬਖ਼ਸ਼ਸ਼ ਦਾ ਪਾਤਰ ਬਣਨ ਲਈ ਉਸ ਦਾ ਨਾਮ ਸਿਮਰਨਾ ਹੀ ਉੱਤਮ ਮੱਤ ਹੈ)
21114	467	ਨਾਨਕ ਮਤੀ ਮਿਥਿਆ ਕਰਮੁ ਸਚਾ ਨੀਸਾਣੁ॥੨॥	ਇਹ ਹੋਰ ਸਾਰੀਆਂ (ਮੱਤੀਂ) ਮੱਤਾਂ। (ਮਿਥਿਆ) ਝੂਠੀਆਂ ਵਿਅਰਥ। (ਕਰਮੁ) ਕ੍ਰਿਪਾ। (ਨੀਸਾਣੁ) ਪ੍ਰਵਾਨਾ, ਰਾਹਦਾਰੀ	Naanak Mathee Mithhiaa Karam Sachaa Neesaan ||2||	O Nanak, all these things are false. True is the Insignia of His Grace. ||2||	(ਪਰ) ਹੇ ਨਾਨਕ! ਇਹ ਸਾਰੀਆਂ ਸਿਆਣਪਾਂ ਵਿਅਰਥ ਹਨ। (ਦਰਗਾਹ ਵਿਚ ਕਬੂਲ ਪੈਣ ਵਾਸਤੇ) ਉਸ ਪ੍ਰਭੂ ਦੀ ਬਖ਼ਸ਼ਸ਼ ਹੀ ਸੱਚਾ ਪਰਵਾਨਾ ਹੈ ॥੨॥
21115	467	ਪਉੜੀ॥		Pourree ||	Pauree:	
21116	467	ਸਚਾ ਸਾਹਿਬੁ ਏਕੁ ਤੂੰ ਜਿਨਿ ਸਚੋ ਸਚੁ ਵਰਤਾਇਆ॥		Sachaa Saahib Eaek Thoon Jin Sacho Sach Varathaaeiaa ||	You alone are the True Lord. The Truth of Truths is pervading everywhere.	ਹੇ ਪ੍ਰਭੂ! ਕੇਵਲ ਤੂੰ ਹੀ ਪੂਰਨ ਤੌਰ ਤੇ ਅਡੋਲ ਰਹਿਣ ਵਾਲਾ ਮਾਲਕ (ਪੂਰਨ ਤੌਰ ਤੇ ਖਿੜਿਆ ਹੋਇਆ) ਹੈਂ, ਅਤੇ ਤੂੰ ਆਪ ਹੀ ਆਪਣੀ ਅਡੋਲਤਾ ਦਾ ਗੁਣ (ਜਗਤ ਵਿਚ) ਵਰਤਾ ਦਿੱਤਾ ਹੈ।

21117	467	ਜਿਸੁ ਤੂੰ ਦੇਹਿ ਤਿਸੁ ਮਿਲੈ ਸਚੁ ਤਾ ਤਿਨ੍ਹੀ ਸਚੁ ਕਮਾਇਆ॥		Jis Thoon Dhaehi This Milai Sach Thaa Thinhee Sach Kamaaeiaa ||	He alone receives the Truth, unto whom You give it; then, he practices Truth.	(ਪਰ) ਇਹ ਖਿੜਾਉ ਵਾਲਾ ਗੁਣ (ਕੇਵਲ) ਉਸ ਉਸ ਜੀਵ ਨੂੰ ਹੀ ਮਿਲਦਾ ਹੈ ਜਿਸ ਜਿਸ ਨੂੰ ਤੂੰ ਆਪ ਦੇਂਦਾ ਹੈਂ, ਤੇਰੀ ਬਖ਼ਸ਼ਸ਼ ਦੀ ਬਰਕਤਿ ਨਾਲ, ਉਹ ਮਨੁੱਖ ਉਸ ਖਿੜਾਉ ਅਨੁਸਾਰ ਆਪਣਾ ਜੀਵਨ ਬਣਾਉਂਦੇ ਹਨ।
21118	467	ਸਤਿਗੁਰਿ ਮਿਲਿਐ ਸਚੁ ਪਾਇਆ ਜਿਨ੍ ਕੈ ਹਿਰਦੈ ਸਚੁ ਵਸਾਇਆ॥		Sathigur Miliai Sach Paaeiaa Jinh Kai Hiradhai Sach Vasaaeiaa ||	Meeting the True Guru, Truth is found. In His Heart, Truth is abiding.	ਜਿਨ੍ਹਾਂ ਨੂੰ ਸਤਿਗੁਰੂ ਮਿਲ ਪੈਂਦਾ ਹੈ, ਉਹਨਾਂ ਨੂੰ ਇਹ ਪੂਰਨ ਖਿੜਾਉ ਵਾਲੀ ਦਾਤ ਮਿਲਦੀ ਹੈ, ਸਤਿਗੁਰੂ ਉਹਨਾਂ ਦੇ ਹਿਰਦੇ ਵਿਚ ਇਹ ਖਿੜਾਉ ਟਿਕਾ ਦੇਂਦਾ ਹੈ।
21119	467	ਮੂਰਖ ਸਚੁ ਨ ਜਾਣ੍ਹੀ ਮਨਮੁਖੀ ਜਨਮੁ ਗਵਾਇਆ॥		Moorakh Sach N Jaananhee Manamukhee Janam Gavaaeiaa ||	The fools do not know the Truth. The self-willed manmukhs waste their lives away in vain.	ਮੂਰਖਾਂ ਨੂੰ ਇਸ ਖਿੜਾਉ ਦੀ ਸਾਰ ਨਹੀਂ ਆਉਂਦੀ, ਉਹ ਮਨਮੁਖ (ਇਸ ਤੋਂ ਵਾਂਜੇ ਰਹਿ ਕੇ) ਆਪਣਾ ਜਨਮ ਅਜਾਈਂ ਗਵਾਉਂਦੇ ਹਨ,
21120	467	ਵਿਚਿ ਦੁਨੀਆ ਕਾਹੇ ਆਇਆ॥੮॥		Vich Dhuneeaa Kaahae Aaeiaa ||8||	Why have they even come into the world? ||8||	ਜਗਤ ਵਿਚ ਜਨਮ ਲੈਣ ਦਾ ਉਹਨਾਂ ਨੂੰ ਕੋਈ ਲਾਭ ਨਹੀਂ ਹੁੰਦਾ ॥੮॥
21121	467	ਸਲੋਕੁ ਮਃ ੧॥	ਪੜ੍ਹਿ।ਲੱਦੀ-ਅਹਿ। ਭਰੀ-ਅਹਿ	Salok Ma 1 ||	Shalok, First Mehl:	

21122	467	ਪੜਿ ਪੜਿ ਗਡੀ ਲਦੀਅਹਿ ਪੜਿ ਪੜਿ ਭਰੀਅਹਿ ਸਾਥ॥		Parr Parr Gaddee Ladheeahi Parr Parr Bhareeahi Saathh ||	You may read and read loads of books; you may read and study vast multitudes of books.	ਜੇ ਇਤਨੀਆਂ ਪੋਥੀਆਂ ਪੜ੍ਹ ਲਈਏ, ਜਿਨ੍ਹਾਂ ਨਾਲ ਕਈ ਗੱਡੀਆਂ ਭਰ ਲਈਆਂ ਜਾ ਸਕਣ, ਜਿਨ੍ਹਾਂ ਦੇ ਢੇਰਾਂ ਦੇ ਢੇਰ ਲਗਾਏ ਜਾ ਸਕਣ;
21123	467	ਪੜਿ ਪੜਿ ਬੇੜੀ ਪਾਈਐ ਪੜਿ ਪੜਿ ਗਡੀਅਹਿ ਖਾਤ॥	(ਗੱਡੀਅਹਿ) ਪੂਰੇ ਜਾਣ। (ਖਾਤ) ਟੋਏ। ਪੜਿ੍	Parr Parr Baerree Paaeeai Parr Parr Gaddeeahi Khaath ||	You may read and read boat-loads of books; you may read and read and fill pits with them.	ਜੇ ਇਤਨੀਆਂ ਪੁਸਤਕਾਂ ਪੜ੍ਹ ਲਈਏ, ਜਿਨ੍ਹਾਂ ਨਾਲ ਇਕ ਬੇੜੀ ਭਰੀ ਜਾ ਸਕੇ, ਕਈ ਖਾਤੇ ਪੂਰੇ ਜਾ ਸਕਣ;
21124	467	ਪੜੀਅਹਿ ਜੇਤੇ ਬਰਸ ਬਰਸ ਪੜੀਅਹਿ ਜੇਤੇ ਮਾਸ॥	(ਮਾਸ) ਮਹੀਨੇ। ਪੜ੍ਹੀ-ਅਹਿ	Parreeahi Jaethae Baras Baras Parreeahi Jaethae Maas ||	You may read them year after year; you may read them as many months are there are.	ਜੇ ਪੜ੍ਹ ਪੜ੍ਹ ਕੇ ਸਾਲਾਂ ਦੇ ਸਾਲ ਗੁਜ਼ਾਰੇ ਜਾਣ, ਜੇ ਪੜ੍ਹ ਪੜ੍ਹ ਕੇ (ਸਾਲ ਦੇ) ਸਾਰੇ ਮਹੀਨੇ ਬਿਤਾ ਦਿੱਤੇ ਜਾਣ;
21125	467	ਪੜੀਐ ਜੇਤੀ ਆਰਜਾ ਪੜੀਅਹਿ ਜੇਤੇ ਸਾਸ॥	(ਆਰਜਾ) ਉਮਰ	Parreeai Jaethee Aarajaa Parreeahi Jaethae Saas ||	You may read them all your life; you may read them with every breath.	ਜੇ ਪੁਸਤਕਾਂ ਪੜ੍ਹ ਪੜ੍ਹ ਕੇ ਸਾਰੀ ਉਮਰ ਗੁਜ਼ਾਰ ਦਿੱਤੀ ਜਾਏ, ਜੇ ਪੜ੍ਹ ਪੜ੍ਹ ਕੇ ਉਮਰ ਦੇ ਸਾਰੇ ਸੁਆਸ ਬਿਤਾਏ ਜਾਣ (ਤਾਂ ਭੀ ਰੱਬ ਦੀ ਦਰਗਾਹ ਵਿਚ ਇਸ ਵਿਚੋਂ ਕੁਝ ਭੀ ਪਰਵਾਨ ਨਹੀਂ ਹੁੰਦਾ)।

21126	467	ਨਾਨਕ ਲੇਖੈ ਇਕ ਗਲ ਹੋਰੁ ਹਉਮੈ ਝਖਣਾ ਝਾਖ॥੧॥	ਲੇਖੈ ਚ ਇੱਕ ਵਾਹਿਗੁਰੂ ਜੀ ਦੀ (ਗੱਲ) ਗੁਰਬਾਣੀ ਸਿਫ਼ਤ ਸਲਾਹ। (ਝਖਣਾ ਝਾਖ) ਵਿਅਰਥ, ਖੁਆਰ ਹੋਣਾ	Naanak Laekhai Eik Gal Hor Houmai Jhakhanaa Jhaakh ||1||	O Nanak, only one thing is of any account: everything else is useless babbling and idle talk in ego. ||1||	ਹੇ ਨਾਨਕ! ਪ੍ਰਭੂ ਦੀ ਦਰਗਾਹ ਵਿਚ ਕੇਵਲ ਪ੍ਰਭੂ ਦੀ ਸਿਫ਼ਤਿ-ਸਾਲਾਹ ਕਬੂਲ ਪੈਂਦੀ ਹੈ, (ਪ੍ਰਭੂ ਦੀ ਵਡਿਆਈ ਤੋਂ ਬਿਨਾ) ਕੋਈ ਹੋਰ ਉੱਦਮ ਕਰਨਾ, ਆਪਣੀ ਹਉਮੈ ਦੇ ਵਿਚ ਹੀ ਭਟਕਦੇ ਫਿਰਨਾ ਹੈ ॥੧॥
21127	467	ਮਃ ੧॥		Ma 1 ||	First Mehl:	
21128	467	ਲਿਖਿ ਲਿਖਿ ਪੜਿਆ ਤੇਤਾ ਕੜਿਆ॥	(ਕੜਿਆ) ਦੁਖੀ ਹੋਇਆ। ਪੜ੍ਹਿਆ	Likh Likh Parriaa Thaethaa Karriaa ||	The more one write and reads, the more one burns.	ਜਿਤਨਾ ਕੋਈ ਮਨੁੱਖ (ਕੋਈ ਵਿੱਦਿਆ) ਲਿਖਣੀ ਪੜ੍ਹਨੀ ਜਾਣਦਾ ਹੈ, ਉਤਨਾ ਹੀ ਉਸ ਨੂੰ ਆਪਣੀ ਵਿੱਦਿਆ ਦਾ ਮਾਣ ਹੈ (ਸੋ ਇਹ ਜ਼ਰੂਰੀ ਨਹੀਂ ਕਿ ਰੱਬ ਦੇ ਦਰ ਤੇ ਪਰਵਾਨ ਹੋਣ ਲਈ ਵਿੱਦਿਆ ਦੀ ਲੋੜ ਹੈ)।
21129	467	ਬਹੁ ਤੀਰਥ ਭਵਿਆ ਤੇਤੋ ਲਵਿਆ॥	(ਭਵਿਆ) ਫਿਰਿਆ। (ਲਵਿਆ) ਬਕਿਆ	Bahu Theerathh Bhaviaa Thaetho Laviaa ||	The more one wanders at sacred shrines of pilgrimage, the more one talks uselessly.	ਜਿਤਨਾ ਹੀ ਕੋਈ ਬਹੁਤੇ ਤੀਰਥਾਂ ਦੀ ਯਾਤ੍ਰਾ ਕਰਦਾ ਹੈ, ਉਤਨਾ ਹੀ ਥਾਂ ਥਾਂ ਤੇ ਦੱਸਦਾ ਫਿਰਦਾ ਹੈ (ਕਿ ਮੈਂ ਫਲਾਣੇ ਤੀਰਥ ਤੇ ਇਸ਼ਨਾਨ ਕਰ ਆਇਆ ਹਾਂ। ਸੋ ਤੀਰਥ-ਯਾਤ੍ਰਾ ਭੀ ਅਹੰਕਾਰ ਦਾ ਹੀ ਕਾਰਨ ਬਣਦੀ ਹੈ)।
21130	467	ਬਹੁ ਭੇਖ ਕੀਆ ਦੇਹੀ ਦੁਖੁ ਦੀਆ॥		Bahu Bhaekh Keeaa Dhaehee Dhukh Dheeaa ||	The more one wears religious robes, the more pain he causes his body.	ਕਿਸੇ ਨੇ (ਲੋਕਾਂ ਨੂੰ ਪਤਿਆਉਣ ਵਾਸਤੇ, ਧਰਮ ਦੇ) ਕਈ ਚਿਹਨ ਧਾਰੇ ਹੋਏ ਹਨ, ਅਤੇ ਕੋਈ ਆਪਣੇ ਸਰੀਰ ਨੂੰ ਕਸ਼ਟ ਦੇ ਰਿਹਾ ਹੈ,

21131	467	ਸਹੁ ਵੇ ਜੀਆ ਅਪਣਾ ਕੀਆ॥	(ਸਹੁ) ਸਹਾਰ	Sahu Vae Jeeaa Apanaa Keeaa ||	O my soul, you must endure the consequences of your own actions.	(ਉਸ ਨੂੰ ਭੀ ਇਹੀ ਕਹਿਣਾ ਠੀਕ ਜਾਪਦਾ ਹੈ ਕਿ) ਆਪਣੇ ਕੀਤੇ ਦਾ ਦੁੱਖ ਸਹਾਰ (ਭਾਵ, ਇਹ ਭੇਖ ਧਾਰਨੇ ਸਰੀਰ ਨੂੰ ਦੁੱਖ ਦੇਣੇ ਭੀ ਰੱਬ ਦੇ ਦਰ ਤੇ ਕਬੂਲ ਨਹੀਂ ਹਨ)।
21132	467	ਅੰਨੁ ਨ ਖਾਇਆ ਸਾਦੁ ਗਵਾਇਆ॥	ਵਾਹਿਗੁਰੂ ਜੀ ਦੀ ਪ੍ਰੇਮਾ ਭਗਤੀ ਦਾ (ਸਾਦੁ) ਸੁਆਦ ਗਵਾਇਆ	Ann N Khaaeiaa Saadh Gavaaeiaa ||	One who does not eat the corn, misses out on the taste.	(ਹੋਰ ਤੱਕੋ, ਜਿਸ ਨੇ) ਅੰਨ ਛੱਡਿਆ ਹੋਇਆ ਹੈ (ਪ੍ਰਭੂ ਦਾ ਸਿਮਰਨ ਤਾਂ ਨਹੀਂ ਕਰਦਾ, ਸਿਮਰਨ ਤਿਆਗ ਕੇ) ਉਸ ਨੂੰ ਇਹ ਹੋਰ ਹੀ ਕੰਮ ਚੰਗਾ ਲੱਗਾ ਹੋਇਆ ਹੈ,
21133	467	ਬਹੁ ਦੁਖੁ ਪਾਇਆ ਦੂਜਾ ਭਾਇਆ॥	ਵਾਹਿਗੁਰੂ ਜੀ ਤੋਂ ਬਿਨਾ ਦੂਜਾ (ਭਾਇਆ) ਚੰਗਾ ਲੱਗਾ	Bahu Dhukh Paaeiaa Dhoojaa Bhaaeiaa ||	One obtains great pain, in the love of duality.	ਉਸ ਨੇ ਭੀ ਆਪਣੀ ਜ਼ਿੰਦਗੀ ਤਲਖ਼ ਬਣਾਈ ਹੋਈ ਹੈ ਅਤੇ ਦੁੱਖ ਸਹਾਰ ਰਿਹਾ ਹੈ।
21134	467	ਬਸਤ੍ਰ ਨ ਪਹਿਰੈ ਅਹਿ ਨਿਸਿ ਕਹਰੈ॥	(ਕਹ-ਰੈ) ਦੁਖੀ	Basathr N Pehirai Ahinis Keharai ||	One who does not wear any clothes, suffers night and day.	ਕੱਪੜੇ ਨਹੀਂ ਪਾਂਦਾ, ਤੇ ਦਿਨ ਰਾਤ ਔਖਾ ਹੋ ਰਿਹਾ ਹੈ।
21135	467	ਮੋਨਿ ਵਿਗੂਤਾ ਕਿਉ ਜਾਗੈ ਗੁਰ ਬਿਨੁ ਸੂਤਾ॥	(ਵਿਗੂਤਾ) ਕੁਰਾਹੇ ਪਿਆ। ਸੁੱਤਾ	Mon Vigoothaa Kio Jaagai Gur Bin Soothaa ||	Through silence, he is ruined. How can the sleeping one be awakened without the Guru?	(ਇੱਕਲਵਾਂਝੇ) ਚੁੱਪ ਵੱਟ ਕੇ (ਅਸਲੀ ਰਾਹ ਤੋਂ) ਖੁੰਝਿਆ ਹੋਇਆ ਹੈ, ਭਲਾ ਦੱਸੋ (ਮਾਇਆ ਦੀ ਨੀਂਦਰ ਵਿਚ) ਸੁੱਤਾ ਹੋਇਆ ਮਨੁੱਖ ਗੁਰੂ ਤੋਂ ਬਿਨਾ ਕਿਵੇਂ ਜਾਗ ਸਕਦਾ ਹੈ?

21136	467	ਪਗ ਉਪੇਤਾਣਾ ਅਪਣਾ ਕੀਆ ਕਮਾਣਾ॥	(ਪਗ) ਪੈਰਾਂ ਤੋਂ। (ਉਪੇ-ਤਾਣਾ) ਨੰਗਾ।ਉਪੇਤਾਣਾ:ਪੋਲਾ ਬੋਲੋ	Pag Oupaethaanaa Apanaa Keeaa Kamaanaa ||	One who goes barefoot suffers by his own actions.	(ਇਕ) ਪੈਰਾਂ ਤੋਂ ਨੰਗਾ ਫਿਰਦਾ ਹੈ, ਅਤੇ ਆਪਣੀ ਇਸ ਕੀਤੀ ਹੋਈ ਭੁੱਲ ਦਾ ਦੁੱਖ ਸਹਿ ਰਿਹਾ ਹੈ।
21137	467	ਅਲੁ ਮਲੁ ਖਾਈ ਸਿਰਿ ਛਾਈ ਪਾਈ॥	(ਅਲੁ)ਰੱਜ ਕੇ। (ਮਲੁ)ਮੈਲ। (ਛਾਈ) ਸੁਆਹ। ਅਲੁ ਮਲੁ: ਪੋਲੇ	Al Mal Khaaee Sir Shhaaee Paaee ||	One who eats filth and throws ashes on his head	(ਸੁੱਚਾ ਚੰਗਾ ਭੋਜਨ ਛੱਡ ਕੇ) ਜੂਠਾ ਮਿੱਠਾ ਖਾਂਦਾ ਹੈ ਅਤੇ ਸਿਰ ਵਿਚ ਸੁਆਹ ਪਾ ਰੱਖੀ ਹੈ,
21138	467	ਮੂਰਖਿ ਅੰਧੈ ਪਤਿ ਗਵਾਈ॥	(ਪਤਿ) ਇੱਜ਼ਤ।ਪਤਿ:ਪੋਲਾ ਬੋਲੋ	Moorakh Andhhai Path Gavaaee ||	The blind fool loses his honor.	ਅਗਿਆਨੀ ਮੂਰਖ ਨੇ (ਇਸ ਤਰ੍ਹਾਂ) ਆਪਣੀ ਪੱਤ ਗਵਾ ਲਈ ਹੈ।
21139	467	ਵਿਣੁ ਨਾਵੈ ਕਿਛੁ ਥਾਇ ਨ ਪਾਈ॥		Vin Naavai Kishh Thhaae N Paaee ||	Without the Name, nothing is of any use.	ਪ੍ਰਭੂ ਦੇ ਨਾਮ ਤੋਂ ਬਿਨਾ ਹੋਰ ਕੋਈ ਉੱਦਮ ਪਰਵਾਨ ਨਹੀਂ ਹੈ।
21140	467	ਰਹੈ ਬੇਬਾਣੀ ਮੜੀ ਮਸਾਣੀ॥	(ਬੇਬਾਣੀ) ਉਜਾੜ ਜੰਗਲਾਂ ਚ। (ਮੜੀ ਮਸਾਣੀ) ਮੜੀਆਂ ਚ	Rehai Baebaanee Marree Masaanee ||	One who lives in the wilderness, in cemetaries and cremation grounds	ਉਜਾੜਾਂ ਵਿਚ, ਮੜ੍ਹੀਆਂ ਵਿਚ, ਮਸਾਣਾਂ ਵਿਚ ਜਾ ਰਹਿੰਦਾ ਹੈ,
21141	467	ਅੰਧੁ ਨ ਜਾਣੈ ਫਿਰਿ ਪਛੁਤਾਣੀ॥		Andhh N Jaanai Fir Pashhuthaanee ||	- that blind man does not know the Lord; he regrets and repents in the end.	ਅੰਨ੍ਹਾ (ਮੂਰਖ ਰੱਬ ਵਾਲਾ ਰਸਤਾ) ਨਹੀਂ ਸਮਝਦਾ ਤੇ ਸਮਾਂ ਵਿਹਾ ਜਾਣ ਤੇ ਪਛਤਾਂਦਾ ਹੈ।
21142	468	ਸਤਿਗੁਰੁ ਭੇਟੇ ਸੋ ਸੁਖੁ ਪਾਏ॥		Sathigur Bhaettae So Sukh Paaeae ||	One who meets the True Guru finds peace.	ਜਿਸ ਮਨੁੱਖ ਨੂੰ ਗੁਰੂ ਮਿਲ ਪਿਆ ਹੈ (ਅਸਲੀ) ਸੁਖ ਉਹੀ ਮਾਣਦਾ ਹੈ,
21143	468	ਹਰਿ ਕਾ ਨਾਮੁ ਮੰਨਿ ਵਸਾਏ॥		Har Kaa Naam Mann Vasaaeae ||	He enshrines the Name of the Lord in his mind.	ਉਹ (ਵਡਭਾਗੀ) ਰੱਬ ਦਾ ਨਾਮ ਆਪਣੇ ਹਿਰਦੇ ਵਿਚ (ਟਿਕਾਂਦਾ) ਹੈ।

21144	468	ਨਾਨਕ ਨਦਰਿ ਕਰੇ ਸੋ ਪਾਏ॥		Naanak Nadhar Karae So Paaeae ||	O Nanak, when the Lord grants His Grace, He is obtained.	(ਪਰ) ਹੇ ਨਾਨਕ! ਗੁਰੂ ਭੀ ਉਸੇ ਨੂੰ ਹੀ ਮਿਲਦਾ ਹੈ ਜਿਸ ਉੱਤੇ ਆਪ ਦਾਤਾਰ ਮਿਹਰ ਦੀ ਨਜ਼ਰ ਕਰਦਾ ਹੈ।
21145	468	ਆਸ ਅੰਦੇਸੇ ਤੇ ਨਿਹਕੇਵਲੁ ਹਉਮੈ ਸਬਦਿ ਜਲਾਏ॥੨॥	(ਅੰਦੇਸੇ) ਸੰਸੇ। (ਨਿਹਕੇਵਲੁ) ਸ਼ੁੱਧ	Aas Andhaesae Thae Nihakaeval Houmai Sabadh Jalaaeae ||2||	He becomes free of hope and fear, and burns away his ego with the Word of the Shabad. ||2||	ਉਸ ਸੰਸਾਰ ਦੀਆਂ ਆਸਾਂ ਤੇ ਫ਼ਿਕਰਾਂ ਤੋਂ ਨਿਰਲੇਪ ਹੋ ਕੇ ਗੁਰੂ ਦੇ ਸ਼ਬਦ ਦੁਆਰਾ ਆਪਣੀ ਹਉਮੈ ਨੂੰ ਸਾੜ ਦੇਂਦਾ ਹੈ ॥੨॥
21146	468	ਪਉੜੀ॥	(ਸੋਹਨਿ) ਸੋਭਦੇ	Pourree ||	Pauree:	
21147	468	ਭਗਤ ਤੇਰੈ ਮਨਿ ਭਾਵਦੇ ਦਰਿ ਸੋਹਨਿ ਕੀਰਤਿ ਗਾਵਦੇ॥		Bhagath Thaerai Man Bhaavadhae Dhar Sohan Keerath Gaavadhae ||	Your devotees are pleasing to Your Mind, Lord. They look beautiful at Your door, singing Your Praises.	(ਹੇ ਪ੍ਰਭੂ!) ਤੈਨੂੰ ਆਪਣੇ ਮਨ ਵਿਚ ਭਗਤ ਪਿਆਰੇ ਲਗਦੇ ਹਨ, ਜੋ ਤੇਰੀ ਸਿਫ਼ਤਿ-ਸਾਲਾਹ ਕਰ ਰਹੇ ਹਨ ਤੇ ਤੇਰੇ ਦਰ ਉੱਤੇ ਸੋਭ ਰਹੇ ਹਨ।
21148	468	ਨਾਨਕ ਕਰਮਾ ਬਾਹਰੇ ਦਰਿ ਢੋਅ ਨ ਲਹਨੀ ਧਾਵਦੇ॥	(ਕਰਮਾ) ਸ਼ੁਭ ਕਰਮ ਸਾਧਸੰਗਤ ਪ੍ਰਉਪਕਾਰ ਤੋਂ (ਬਾਹਰੇ) ਬਿਨਾ। ਪ੍ਰਭੂ ਦਰ ਤੇ (ਢੋਅ) ਆਸਰਾ ਨਹੀਂ (ਲਹਨੀ) ਲੈਂਦੇ, ਹੋਰ ਵਿਸ਼ੇ ਵਿਕਾਰਾਂ ਚੌਰਾਸੀ ਚ ਹੀ (ਧਾਵਦੇ) ਦੌੜਦੇ ਫਿਰਦੇ ਹਨ	Naanak Karamaa Baaharae Dhar Dtoa N Lehanhee Dhhaavadhae ||	O Nanak, those who are denied Your Grace, find no shelter at Your Door; they continue wandering.	ਹੇ ਨਾਨਕ! ਭਾਗ-ਹੀਣ ਮਨੁੱਖ ਭਟਕਦੇ ਫਿਰਦੇ ਹਨ, ਉਨ੍ਹਾਂ ਨੂੰ ਪ੍ਰਭੂ ਦੇ ਦਰ ਤੇ ਥਾਂ ਨਹੀਂ ਮਿਲਦੀ,

21149	468	ਇਕਿ ਮੂਲੁ ਨ ਬੁਝਨਿ ਆਪਣਾ ਅਣਹੋਦਾ ਆਪੁ ਗਣਾਇਦੇ॥	ਬੁੱਝਨ੍ਹਿ	Eik Mool N Bujhanih Aapanaa Anehodhaa Aap Ganaaeidhae ||	Some do not understand their origins, and without cause, they display their self-conceit.	(ਕਿਉਂਕਿ) ਇਹ (ਵਿਚਾਰੇ) ਆਪਣੇ ਅਸਲੇ ਨੂੰ ਨਹੀਂ ਸਮਝਦੇ, (ਰੱਬੀ ਗੁਣ ਦੀ ਪੂੰਜੀ ਆਪਣੇ ਅੰਦਰ) ਹੋਣ ਤੋਂ ਬਿਨਾ ਹੀ ਆਪਣੇ ਆਪ ਨੂੰ ਵੱਡਾ ਜਤਲਾਂਦੇ ਹਨ।
21150	468	ਹਉ ਢਾਢੀ ਕਾ ਨੀਚ ਜਾਤਿ ਹੋਰਿ ਉਤਮ ਜਾਤਿ ਸਦਾਇਦੇ॥	(ਹਉ) ਦਾਸਨਦਾਸ ਆਪਜੀ ਦੇ ਦਰ ਦਾ ਨੀਚ ਢਾਢੀ ਹੈ ਹੋਰਿ ਲੋਕਾਈ ਉੱਤਮ ਜਾਤ ਦੀ (ਸਦਾਇਦੇ) ਆਖੀ ਜਾਂਦੀ ਹੈ	Ho Dtaadtee Kaa Neech Jaath Hor Outham Jaath Sadhaaeidhae ||	I am the Lord's minstrel, of low social status; others call themselves high caste.	(ਹੇ ਪ੍ਰਭੂ!) ਮੈਂ ਨੀਵੀਂ ਜਾਤ ਵਾਲਾ (ਤੇਰੇ ਦਰ ਦਾ) ਇਕ ਮਾੜਾ ਜਿਹਾ ਢਾਢੀ ਹਾਂ, ਹੋਰ ਲੋਕ (ਆਪਣੇ ਆਪ ਨੂੰ) ਉੱਤਮ ਜਾਤ ਵਾਲੇ ਅਖਵਾਂਦੇ ਹਨ।
21151	468	ਤਿਨ੍ ਮੰਗਾ ਜਿ ਤੁਝੈ ਧਿਆਇਦੇ॥੯॥		Thinh Mangaa J Thujhai Dhhiaaeidhae ||9||	I seek those who meditate on You. ||9||	ਜੋ ਤੇਰਾ ਭਜਨ ਕਰਦੇ ਹਨ, ਮੈਂ ਉਹਨਾਂ ਪਾਸੋਂ (ਤੇਰਾ 'ਨਾਮ') ਮੰਗਦਾ ਹਾਂ ॥੯॥
21152	468	ਸਲੋਕੁ ਮਃ ੧॥	(ਕੂੜੁ) ਝੂਠ	Salok Ma 1 ||	Shalok, First Mehl:	
21153	468	ਕੂੜੁ ਰਾਜਾ ਕੂੜੁ ਪਰਜਾ ਕੂੜੁ ਸਭੁ ਸੰਸਾਰੁ॥		Koorr Raajaa Koorr Parajaa Koorr Sabh Sansaar ||	False is the king, false are the subjects; false is the whole world.	ਇਹ ਸਾਰਾ ਜਗਤ ਛਲ ਰੂਪ ਹੈ (ਜਿਵੇਂ ਮਦਾਰੀ ਦਾ ਸਾਰਾ ਤਮਾਸ਼ਾ ਛਲ ਰੂਪ ਹੈ), (ਇਸ ਵਿਚ ਕੋਈ) ਰਾਜਾ (ਹੈ, ਤੇ ਕਈ ਲੋਕ) ਪਰਜਾ (ਹਨ)। ਇਹ ਭੀ (ਮਦਾਰੀ ਦੇ ਰੁਪਏ ਤੇ ਖੋਪੇ ਆਦਿਕ ਵਿਖਾਣ ਵਾਂਗ) ਛਲ ਹੀ ਹਨ।

21154	468	ਕੂੜੁ ਮੰਡਪ ਕੂੜੁ ਮਾੜੀ ਕੂੜੁ ਬੈਸਣਹਾਰੁ॥	(ਮੰਡਪ) ਸ਼ਾਮਿਆਨੇ। (ਮਾੜੀ) ਮਹਲ	Koorr Manddap Koorr Maarree Koorr Baisanehaar ||	False is the mansion, false are the skyscrapers; false are those who live in them.	(ਇਸ ਜਗਤ ਵਿਚ ਕਿਤੇ ਇਹਨਾਂ ਰਾਜਿਆਂ ਦੇ) ਸ਼ਾਮਿਆਨੇ ਤੇ ਮਹਲ ਮਾੜੀਆਂ (ਹਨ, ਇਹ) ਭੀ ਛਲ ਰੂਪ ਹਨ, ਤੇ ਇਹਨਾਂ ਵਿਚ ਵੱਸਣ ਵਾਲਾ (ਰਾਜਾ) ਭੀ ਛਲ ਹੀ ਹੈ।
21155	468	ਕੂੜੁ ਸੁਇਨਾ ਕੂੜੁ ਰੁਪਾ ਕੂੜੁ ਪੈਨ੍ਣਹਾਰੁ॥	(ਰੁੱਪਾ) ਚਾਂਦੀ	Koorr Sueinaa Koorr Rupaa Koorr Painhanehaar ||	False is gold, and false is silver; false are those who wear them.	ਸੋਨਾ, ਚਾਂਦੀ (ਅਤੇ ਸੋਨੇ ਚਾਂਦੀ ਨੂੰ ਪਹਿਨਣ ਵਾਲੇ ਭੀ) ਭਰਮ ਰੂਪ ਹੀ ਹਨ,
21156	468	ਕੂੜੁ ਕਾਇਆ ਕੂੜੁ ਕਪੜੁ ਕੂੜੁ ਰੂਪੁ ਅਪਾਰੁ॥	(ਕਾਇਆ) ਦੇਹ। (ਅਪਾਰੁ) ਬੇਅੰਤ। ਕੱਪੜੁ	Koorr Kaaeiaa Koorr Kaparr Koorr Roop Apaar ||	False is the body, false are the clothes; false is incomparable beauty.	ਇਹ ਸਰੀਰਕ ਅਕਾਰ, (ਸੋਹਣੇ ਸੋਹਣੇ) ਕੱਪੜੇ ਅਤੇ (ਸਰੀਰਾਂ ਦਾ) ਬੇਅੰਤ ਸੋਹਣਾ ਰੂਪ ਇਹ ਭੀ ਸਾਰੇ ਛਲ ਹੀ ਹਨ (ਪ੍ਰਭੂ-ਮਦਾਰੀ ਤਮਾਸ਼ੇ ਆਏ ਜੀਵਾਂ ਨੂੰ ਖ਼ੁਸ਼ ਕਰਨ ਵਾਸਤੇ ਵਿਖਾ ਰਿਹਾ ਹੈ)।
21157	468	ਕੂੜੁ ਮੀਆ ਕੂੜੁ ਬੀਬੀ ਖਪਿ ਹੋਏ ਖਾਰੁ॥	(ਖਪਿ) ਖੱਚਤ ਹੋਕੇ। (ਖਾਰੁ) ਖ਼ੁਆਰ। ਬੀ-ਬੀ:ਪੋਲਾ ਬੋਲੋ	Koorr Meeaa Koorr Beebee Khap Hoeae Khaar ||	False is the husband, false is the wife; they mourn and waste away.	(ਪ੍ਰਭੂ ਨੇ ਕਿਤੇ) ਮਨੁੱਖ (ਬਣਾ ਦਿੱਤੇ ਹਨ, ਕਿਤੇ) ਇਸਤ੍ਰੀਆਂ; ਇਹ ਸਾਰੇ ਭੀ ਛਲ ਰੂਪ ਹਨ, ਜੋ (ਇਸ ਇਸਤ੍ਰੀ ਮਰਦ ਵਾਲੇ ਸੰਬੰਧ-ਰੂਪ ਛਲ ਵਿਚ) ਖਚਿਤ ਹੋ ਕੇ ਖ਼ੁਆਰ ਹੋ ਰਹੇ ਹਨ।

21158	468	ਕੂੜਿ ਕੂੜੈ ਨੇਹੁ ਲਗਾ ਵਿਸਰਿਆ ਕਰਤਾਰੁ॥	(ਨੇਹੁ) ਪ੍ਰੇਮ	Koorr Koorrai Naehu Lagaa Visariaa Karathaar ||	The false ones love falsehood, and forget their Creator.	(ਇਸ ਦ੍ਰਿਸ਼ਟਮਾਨ) ਛਲ ਵਿਚ ਫਸੇ ਹੋਏ ਜੀਵ ਦਾ ਛਲ ਵਿਚ ਮੋਹ ਪੈ ਗਿਆ ਹੈ, ਇਸ ਕਰਕੇ ਇਸ ਨੂੰ ਆਪਣਾ ਪੈਦਾ ਕਰਨ ਵਾਲਾ ਭੁੱਲ ਗਿਆ ਹੈ।
21159	468	ਕਿਸੁ ਨਾਲਿ ਕੀਚੈ ਦੋਸਤੀ ਸਭੁ ਜਗੁ ਚਲਣਹਾਰੁ॥	ਚੱਲਣਹਾਰੁ	Kis Naal Keechai Dhosathee Sabh Jag Chalanehaar ||	With whom should I become friends, if all the world shall pass away?	(ਇਸ ਨੂੰ ਯਾਦ ਨਹੀਂ ਰਹਿ ਗਿਆ ਕਿ) ਸਾਰਾ ਜਗਤ ਨਾਸਵੰਤ ਹੈ, ਕਿਸੇ ਨਾਲ ਭੀ ਮੋਹ ਨਹੀਂ ਪਾਣਾ ਚਾਹੀਦਾ।
21160	468	ਕੂੜੁ ਮਿਠਾ ਕੂੜੁ ਮਾਖਿਉ ਕੂੜੁ ਡੋਬੇ ਪੂਰੁ॥	(ਮਾਖਿਉ) ਸ਼ਹਦ। (ਪੂਰੁ) ਪੂਰਾਂ ਦੇ ਪੂਰ ਜ਼ਿੰਦਗੀ ਰੂਪੀ ਬੇੜੀ ਦੇ। ਮਿੱਠਾ	Koorr Mithaa Koorr Maakhio Koorr Ddobae Poor ||	False is sweetness, false is honey; through falsehood, boat-loads of men have drowned.	(ਇਹ ਸਾਰਾ ਜਗਤ ਹੈ ਤਾਂ ਛਲ, ਪਰ ਇਹ) ਛਲ (ਸਾਰੇ ਜੀਵਾਂ ਨੂੰ) ਪਿਆਰਾ ਲੱਗ ਰਿਹਾ ਹੈ, ਸ਼ਹਿਦ (ਵਾਂਗ) ਮਿੱਠਾ ਲੱਗਦਾ ਹੈ, ਇਸ ਤਰ੍ਹਾਂ ਇਹ ਛਲ ਸਾਰੇ ਜੀਵਾਂ ਨੂੰ ਡੋਬ ਰਿਹਾ ਹੈ।
21161	468	ਨਾਨਕੁ ਵਖਾਣੈ ਬੇਨਤੀ ਤੁਧੁ ਬਾਝੁ ਕੂੜੋ ਕੂੜੁ॥੧॥		Naanak Vakhaanai Baenathee Thudhh Baajh Koorro Koorr ||1||	Nanak speaks this prayer: without You, Lord, everything is totally false. ||1||	(ਹੇ ਪ੍ਰਭੂ!) ਨਾਨਕ (ਤੇਰੇ ਅੱਗੇ) ਅਰਜ਼ ਕਰਦਾ ਹੈ ਕਿ ਤੈਥੋਂ ਬਿਨਾ (ਇਹ ਜਗਤ) ਛਲ ਹੈ ॥੧॥
21162	468	ਮਃ ੧॥		Ma 1 ||	First Mehl:	

21163	468	ਸਚੁ ਤਾ ਪਰੁ ਜਾਣੀਐ ਜਾ ਰਿਦੈ ਸਚਾ ਹੋਇ॥		Sach Thaa Par Jaaneeai Jaa Ridhai Sachaa Hoe ||	One knows the Truth only when the Truth is in his heart.	(ਜਗਤ ਰੂਪ ਛਲ ਵਲੋਂ ਵਾਸ਼ਨਾ ਪਰਤ ਕੇ, ਜਗਤ ਦੇ) ਅਸਲੇ ਦੀ ਸਮਝ ਤਦੋਂ ਹੀ ਆਉਂਦੀ ਹੈ ਜਦੋਂ ਉਹ ਅਸਲੀਅਤ ਦਾ ਮਾਲਕ (ਰੱਬ) ਮਨੁੱਖ ਦੇ ਹਿਰਦੇ ਵਿਚ ਟਿਕ ਜਾਏ।
21164	468	ਕੂੜ ਕੀ ਮਲੁ ਉਤਰੈ ਤਨੁ ਕਰੇ ਹਛਾ ਧੋਇ॥		Koorr Kee Mal Outharai Than Karae Hashhaa Dhhoe ||	The filth of falsehood departs, and the body is washed clean.	ਤਦੋਂ ਮਾਇਆ ਛਲ ਦਾ ਅਸਰ ਮਨ ਤੋਂ ਦੂਰ ਹੋ ਜਾਂਦਾ ਹੈ (ਫੇਰ ਮਨ ਦੇ ਨਾਲ ਸਰੀਰ ਭੀ ਸੁੰਦਰ ਹੋ ਜਾਂਦਾ ਹੈ, ਸਰੀਰਕ ਇੰਦਰੇ ਭੀ ਗੰਦੇ ਪਾਸੇ ਵਲੋਂ ਹਟ ਜਾਂਦੇ ਹਨ, ਮਾਨੋ) ਸਰੀਰ ਧੁਪ ਕੇ ਸਾਫ਼ ਹੋ ਜਾਂਦਾ ਹੈ।
21165	468	ਸਚੁ ਤਾ ਪਰੁ ਜਾਣੀਐ ਜਾ ਸਚਿ ਧਰੇ ਪਿਆਰੁ॥		Sach Thaa Par Jaaneeai Jaa Sach Dhharae Piaar ||	One knows the Truth only when he bears love to the True Lord.	(ਮਾਇਆ ਛਲ ਵਲੋਂ ਮਨ ਦੇ ਫੁਰਨੇ ਹਟ ਕੇ, ਕੁਦਰਤ ਦੇ) ਅਸਲੇ ਦੀ ਸਮਝ ਤਦੋਂ ਹੀ ਆਉਂਦੀ ਹੈ, ਜਦ ਮਨੁੱਖ ਉਸ ਅਸਲੇ ਵਿਚ ਮਨ ਜੋੜਦਾ ਹੈ,
21166	468	ਨਾਉ ਸੁਣਿ ਮਨੁ ਰਹਸੀਐ ਤਾ ਪਾਏ ਮੋਖ ਦੁਆਰੁ॥	(ਰਹ-ਸੀਐ) ਖਿੜੇ	Naao Sun Man Rehaseeai Thaa Paaeae Mokh Dhuaar ||	Hearing the Name, the mind is enraptured; then, he attains the gate of salvation.	(ਤਦੋਂ ਉਸ ਅਸਲੀਅਤ ਵਾਲੇ ਦਾ) ਨਾਮ ਸੁਣ ਕੇ ਮਨੁੱਖ ਦਾ ਮਨ ਖਿੜਦਾ ਹੈ ਤੇ ਉਸ ਨੂੰ (ਮਾਇਆ ਦੇ ਬੰਧਨਾਂ ਤੋਂ) ਸੁਤੰਤਰ ਹੋਣ ਦਾ ਰਾਹ ਮਿਲ ਜਾਂਦਾ ਹੈ।

21167	468	ਸਚੁ ਤਾ ਪਰੁ ਜਾਣੀਐ ਜਾ ਜੁਗਤਿ ਜਾਣੈ ਜੀਉ॥		Sach Thaa Par Jaaneeai Jaa Jugath Jaanai Jeeo ||	One knows the Truth only when he knows the true way of life.	ਜਗਤ ਦੇ ਅਸਲੇ ਪ੍ਰਭੂ ਦੀ ਸਮਝ ਤਦੋਂ ਪੈਂਦੀ ਹੈ, ਜਦੋਂ ਮਨੁੱਖ ਰੱਬੀ ਜੀਵਨ (ਗੁਜ਼ਾਰਨ ਦੀ) ਜੁਗਤੀ ਜਾਣਦਾ ਹੋਵੇ,
21168	468	ਧਰਤਿ ਕਾਇਆ ਸਾਧਿ ਕੈ ਵਿਚਿ ਦੇਇ ਕਰਤਾ ਬੀਉ॥	(ਬੀਉ) ਬੀਜ। ਦੇ-ਇ	Dhharath Kaaeiaa Saadhh Kai Vich Dhaee Karathaa Beeo ||	Preparing the field of the body, he plants the Seed of the Creator.	ਭਾਵ, ਸਰੀਰ ਰੂਪ ਧਰਤੀ ਨੂੰ ਤਿਆਰ ਕਰਕੇ ਇਸ ਵਿਚ ਪ੍ਰਭੂ ਦਾ ਨਾਮ ਬੀਜ ਦੇਵੇ।
21169	468	ਸਚੁ ਤਾ ਪਰੁ ਜਾਣੀਐ ਜਾ ਸਿਖ ਸਚੀ ਲੇਇ॥	(ਸਿੱਖ) ਸਿੱਖਿਆ	Sach Thaa Par Jaaneeai Jaa Sikh Sachee Laee ||	One knows the Truth only when he receives true instruction.	ਸੱਚ ਦੀ ਪਰਖ ਤਦੋਂ ਹੁੰਦੀ ਹੈ, ਜਦੋਂ ਸੱਚੀ ਸਿੱਖਿਆ (ਗੁਰੂ ਪਾਸੋਂ) ਲਏ,
21170	468	ਦਇਆ ਜਾਣੈ ਜੀਅ ਕੀ ਕਿਛੁ ਪੁੰਨੁ ਦਾਨੁ ਕਰੇਇ॥		Dhaeiaa Jaanai Jeea Kee Kishh Punn Dhaan Karaee ||	Showing mercy to other beings, he makes donations to charities.	ਅਤੇ (ਉਸ ਸਿੱਖਿਆ ਉੱਤੇ ਚੱਲ ਕੇ) ਸਭ ਜੀਵਾਂ ਉੱਤੇ ਤਰਸ ਕਰਨ ਦੀ ਜਾਚ ਸਿੱਖੇ ਤੇ (ਲੋੜਵੰਦਾਂ ਨੂੰ) ਕੁਝ ਦਾਨ ਪੁੰਨ ਕਰੇ।
21171	468	ਸਚੁ ਤਾਂ ਪਰੁ ਜਾਣੀਐ ਜਾ ਆਤਮ ਤੀਰਥਿ ਕਰੇ ਨਿਵਾਸੁ॥		Sach Thaan Par Jaaneeai Jaa Aatham Theerathh Karae Nivaas ||	One knows the Truth only when he dwells in the sacred shrine of pilgrimage of his own soul.	ਉਸ ਧੁਰ-ਅੰਦਰਲੀ ਅਸਲੀਅਤ ਨਾਲ ਤਦੋਂ ਹੀ ਜਾਣ-ਪਛਾਣ ਹੁੰਦੀ ਹੈ ਜਦੋਂ ਮਨੁੱਖ ਧੁਰ ਅੰਦਰਲੇ ਤੀਰਥ ਉੱਤੇ ਟਿਕੇ,

21172	468	ਸਤਿਗੁਰੂ ਨੋ ਪੁਛਿ ਕੈ ਬਹਿ ਰਹੈ ਕਰੇ ਨਿਵਾਸੁ॥		Sathiguroo No Pushh Kai Behi Rehai Karae Nivaas ||	He sits and receives instruction from the True Guru, and lives in accordance with His Will.	ਆਪਣੇ ਗੁਰੂ ਪਾਸੋਂ ਉਪਦੇਸ਼ ਲੈ ਕੇ ਉਸ ਅੰਦਰਲੇ ਤੀਰਥ ਉੱਤੇ ਬੈਠਾ ਰਹੇ, ਉੱਥੇ ਹੀ ਸਦਾ ਨਿਵਾਸ ਰੱਖੇ।
21173	468	ਸਚੁ ਸਭਨਾ ਹੋਇ ਦਾਰੂ ਪਾਪ ਕਢੈ ਧੋਇ॥		Sach Sabhanaa Hoe Dhaaroo Paap Kadtai Dhhoe ||	Truth is the medicine for all; it removes and washes away our sins.	ਉਨ੍ਹਾਂ ਮਨੁੱਖਾਂ ਦੇ ਸਾਰੇ ਦੁੱਖਾਂ ਦਾ ਇਲਾਜ ਉਹ ਆਪ ਬਣ ਜਾਂਦਾ ਹੈ, (ਕਿਉਂਕਿ ਉਹ) ਸਾਰੇ ਵਿਕਾਰਾਂ ਨੂੰ (ਉਸ ਹਿਰਦੇ ਵਿਚੋਂ) ਧੋ ਕੇ ਕੱਢ ਦੇਂਦਾ ਹੈ (ਜਿੱਥੇ ਉਹ ਵੱਸ ਰਿਹਾ ਹੈ),
21174	468	ਨਾਨਕੁ ਵਖਾਣੈ ਬੇਨਤੀ ਜਿਨ ਸਚੁ ਪਲੈ ਹੋਇ॥੨॥		Naanak Vakhaanai Baenathee Jin Sach Palai Hoe ||2||	Nanak speaks this prayer to those who have Truth in their laps. ||2||	ਨਾਨਕ ਅਰਜ਼ ਕਰਦਾ ਹੈ- ਜਿਨ੍ਹਾਂ ਦੇ ਹਿਰਦੇ ਵਿਚ ਅਸਲੀਅਤ ਦਾ ਮਾਲਕ ਪ੍ਰਭੂ ਟਿਕਿਆ ਹੋਇਆ ਹੈ ॥੨॥
21175	468	ਪਉੜੀ॥		Pourree ||	Pauree:	
21176	468	ਦਾਨੁ ਮਹਿੰਡਾ ਤਲੀ ਖਾਕੁ ਜੇ ਮਿਲੈ ਤ ਮਸਤਕਿ ਲਾਈਐ॥	(ਮ-ਹਿੰਡਾ) ਮੇਰਾ। (ਤਲੀ) ਤਲ਼ੀਆਂ ਦੀ। ਤਲੀ:ਪੋਲਾ ਬੋਲੋ। (ਖਾਕੁ) ਧੂੜ। (ਮਸਤਕਿ) ਮੱਥੇ ਤੇ	Dhaan Mehinddaa Thalee Khaak Jae Milai Th Masathak Laaeeai ||	The gift I seek is the dust of the feet of the Saints; if I were to obtain it, I would apply it to my forehead.	(ਮੇਰਾ ਇਹ ਚਿੱਤ ਕਰਦਾ ਹੈ ਕਿ ਮੈਨੂੰ ਸੰਤਾਂ ਦੇ) ਪੈਰਾਂ ਦੀ ਖ਼ਾਕ ਦਾ ਦਾਨ ਮਿਲੇ। ਜੇ ਇਹ ਦਾਨ ਮਿਲ ਜਾਏ, ਤਾਂ ਮੱਥੇ ਉੱਤੇ ਲਾਈ ਚਾਹੀਦੀ ਹੈ।

21177	468	ਕੂੜਾ ਲਾਲਚੁ ਛਡੀਐ ਹੋਇ ਇਕ ਮਨਿ ਅਲਖੁ ਧਿਆਈਐ॥	ਅ-ਲਖੁ: ਪੋਲਾ ਬੋਲੋ	Koorraa Laalach Shhaddeeai Hoe Eik Man Alakh Dhhiaaeeai ||	Renounce false greed, and meditate single-mindedly on the unseen Lord.	(ਹੋਰ) ਲਾਲਚ, ਜੋ ਮਾਇਆ ਦੇ ਜਾਲ ਵਿਚ ਹੀ ਫਸਾਂਦਾ ਹੈ, ਛੱਡ ਦੇਣਾ ਚਾਹੀਦਾ ਹੈ, ਅਤੇ ਮਨ ਨੂੰ ਕੇਵਲ ਪ੍ਰਭੂ ਵਿਚ ਜੋੜ ਕੇ ਉਸ ਦੀ ਭਗਤੀ ਕਰਨੀ ਚਾਹੀਦੀ ਹੈ,
21178	468	ਫਲੁ ਤੇਵੇਹੋ ਪਾਈਐ ਜੇਵੇਹੀ ਕਾਰ ਕਮਾਈਐ॥		Fal Thaevaeho Paaeeai Jaevaehee Kaar Kamaaeeai ||	As are the actions we commit, so are the rewards we receive.	(ਕਿਉਂਕਿ) ਮਨੁੱਖ ਜਿਸ ਤਰ੍ਹਾਂ ਦੀ ਕਾਰ ਕਰਦਾ ਹੈ, ਉਹੋ ਜਿਹਾ ਉਸ ਨੂੰ ਫਲ ਮਿਲ ਜਾਂਦਾ ਹੈ।
21179	468	ਜੇ ਹੋਵੈ ਪੂਰਬਿ ਲਿਖਿਆ ਤਾ ਧੂੜਿ ਤਿਨ੍ਹਾ ਦੀ ਪਾਈਐ॥		Jae Hovai Poorab Likhiaa Thaa Dhhoorr Thinhaa Dhee Paaeeai ||	If it is so pre-ordained, then one obtains the dust of the feet of the Saints.	ਪਰ ਸੰਤ ਜਨਾਂ ਦੇ ਪੈਰਾਂ ਦੀ ਖ਼ਾਕ ਤਾਂ ਹੀ ਮਿਲਦੀ ਹੈ ਜੇ ਚੰਗੇ ਭਾਗ ਹੋਣ।
21180	468	ਮਤਿ ਥੋੜੀ ਸੇਵ ਗਵਾਈਐ॥੧੦॥		Math Thhorree Saev Gavaaeeai ||10||	But through small-mindedness, we forfeit the merits of selfless service. ||10||	(ਗੁਰਮੁਖਾਂ ਦਾ ਆਸਰਾ-ਪਰਨਾ ਛੱਡ ਕੇ) ਜੇ ਆਪਣੀ ਹੋਛੀ ਜਿਹੀ ਮਤ ਦੀ ਟੇਕ ਰੱਖੀਏ ਤਾਂ (ਇਸ ਦੇ ਆਸਰੇ) ਕੀਤੀ ਹੋਈ ਘਾਲ-ਕਮਾਈ ਵਿਅਰਥ ਜਾਂਦੀ ਹੈ ॥੧੦॥
21181	468	ਸਲੋਕੁ ਮਃ ੧॥		Salok Ma 1 ||	Shalok, First Mehl:	

21182	468	ਸਚਿ ਕਾਲੁ ਕੂੜੁ ਵਰਤਿਆ ਕਲਿ ਕਾਲਖ ਬੇਤਾਲ॥	(ਕਾਲੁ) ਕਾਲ਼ ਪਿਆ। (ਕਲਿ) ਕਲਯੁੱਗ ਚ। (ਬੇਤਾਲ) ਭੂਤਨੇ	Sach Kaal Koorr Varathiaa Kal Kaalakh Baethaal ||	There is a famine of Truth; falsehood prevails, and the blackness of the Dark Age of Kali Yuga has turned men into demons.	(ਸੰਸਾਰਕ ਜੀਵਾਂ ਦੇ ਹਿਰਦੇ ਵਿਚੋਂ) ਸੱਚ ਉਡ ਗਿਆ ਹੈ ਅਤੇ ਕੂੜ ਹੀ ਕੂੜ ਪਰਧਾਨ ਹੋ ਰਿਹਾ ਹੈ, ਕਲਜੁਗ ਦੀ (ਪਾਪਾਂ ਦੀ) ਕਾਲਖ ਦੇ ਕਾਰਨ ਜੀਵ ਭੂਤਨੇ ਬਣ ਰਹੇ ਹਨ (ਭਾਵ, ਜਗਤ ਦਾ ਮੋਹ ਪਰਬਲ ਹੋ ਰਿਹਾ ਹੈ, ਜਗਤ ਦੇ ਸਾਜਣਹਾਰ ਨਾਲ ਸਾਂਝ ਬਣਾਣ ਦਾ ਖ਼ਿਆਲ ਜੀਵਾਂ ਦੇ ਹਿਰਦਿਆਂ ਵਿਚੋਂ ਦੂਰ ਹੋ ਰਿਹਾ ਹੈ, ਅਤੇ ਸਿਮਰਨ ਤੋਂ ਬਿਨਾ ਜੀਵ ਮਾਨੋ ਭੂਤਨੇ ਹਨ)।
21183	468	ਬੀਉ ਬੀਜਿ ਪਤਿ ਲੈ ਗਏ ਅਬ ਕਿਉ ਉਗਵੈ ਦਾਲਿ॥	(ਦਾਲਿ) ਦਲ਼ੇ ਬੀਜ। ਪਤਿ: ਪੋਲਾ ਬੋਲੋ	Beeo Beej Path Lai Geae Ab Kio Ougavai Dhaal ||	Those who planted their seed have departed with honor; now, how can the shattered seed sprout?	ਜਿਨ੍ਹਾਂ ਨੇ (ਹਰੀ ਦਾ ਨਾਮ) ਬੀਜ (ਆਪਣੇ ਹਿਰਦਿਆਂ ਵਿਚ) ਬੀਜਿਆ, ਉਹ ਇਸ ਜਗਤ ਤੋਂ ਸੋਭਾ ਖੱਟ ਕੇ ਗਏ। ਪਰ ਹੁਣ (ਨਾਮ ਦਾ) ਅੰਕੁਰ ਫੁਟਣੋਂ ਰਹਿ ਗਿਆ ਹੈ, (ਕਿਉਂਕਿ ਮਨ) ਦਾਲ ਵਾਂਗ (ਦੋ-ਫਾੜ ਹੋ ਰਹੇ ਹਨ, ਭਾਵ ਦੁਚਿੱਤਾ-ਪਨ ਦੇ ਕਾਰਨ ਜੀਵਾਂ ਦਾ ਮਨ ਨਾਮ ਵਿਚ ਨਹੀਂ ਜੁੜਦਾ)।

21184	468	ਜੇ ਇਕੁ ਹੋਇ ਤ ਉਗਵੈ ਰੁਤੀ ਹੂ ਰੁਤਿ ਹੋਇ॥	ਰੁੱਤੀ। ਰੁੱਤਿ	Jae Eik Hoe Th Ougavai Ruthee Hoo Ruth Hoe ||	If the seed is whole, and it is the proper season, then the seed will sprout.	ਬੀਜ ਉੱਗਦਾ ਤਾਂ ਹੀ ਹੈ, ਜੇ ਬੀਜ ਸਾਬਤ ਹੋਵੇ ਅਤੇ ਬੀਜਣ ਦੀ ਰੁਤ ਵੀ ਚੰਗੀ ਫਬਵੀਂ ਹੋਵੇ, (ਇਸੇ ਤਰ੍ਹਾਂ ਰੱਬ ਦਾ ਨਾਮ-ਅੰਕੁਰ ਭੀ ਤਾਂ ਹੀ ਫੁਟਦਾ ਹੈ ਜੇ ਮਨ ਸਾਬਤ ਹੋਵੇ, ਜੇ ਪੂਰਨ ਤੌਰ ਤੇ ਰੱਬ ਵਲ ਲੱਗਾ ਰਹੇ ਅਤੇ ਸਮਾ ਅੰਮ੍ਰਿਤ ਵੇਲਾ ਭੀ ਖੁੰਝਾਇਆ ਨਾ ਜਾਏ)।
21185	468	ਨਾਨਕ ਪਾਹੈ ਬਾਹਰਾ ਕੋਰੈ ਰੰਗੁ ਨ ਸੋਇ॥	(ਪਾਹੈ) ਲਾਗ। (ਬਾਹਰਾ) ਬਿਨਾ	Naanak Paahai Baaharaa Korai Rang N Soe ||	O Nanak, without treatment, the raw fabric cannot be dyed.	ਹੇ ਨਾਨਕ! ਜੇ ਲਾਗ ਨ ਵਰਤੀ ਜਾਏ ਤਾਂ ਕੋਰੇ ਕੱਪੜੇ ਨੂੰ ਉਹ (ਸੋਹਣਾ ਪੱਕਾ) ਰੰਗ ਨਹੀਂ ਚੜ੍ਹਦਾ (ਜੋ ਲਾਗ ਵਰਤਿਆਂ ਚੜ੍ਹਦਾ ਹੈ।
21186	468	ਭੈ ਵਿਚਿ ਖੁੰਬਿ ਚੜਾਈਐ ਸਰਮੁ ਪਾਹੁ ਤਨਿ ਹੋਇ॥	ਪਾਹ ਦੇਣ ਲਈ (ਖੁੰਬਿ) ਧੋਬੀ ਦਾ ਕਪੜੇ ਤਪਾਉਣ ਵਾਲਾ ਭਾਂਡਾ। (ਸਰਮੁ) ਮਿਹਨਤ। (ਪਾਹੁ) ਲਾਗ। ਚੜ੍ਹਾਈਐ ਚੱਚਾ ਬੋਲੋ, ਝਨਹੀਂ ਬੋਲਣਾ	Bhai Vich Khunb Charraaeeai Saram Paahu Than Hoe ||	In the Fear of God it is bleached white, if the treatment of modesty is applied to the cloth of the body.	ਇਸੇ ਤਰ੍ਹਾਂ ਜੇ ਇਸ ਕੋਰੇ ਮਨ ਨੂੰ ਰੱਬ ਦੇ ਨਾਮ-ਰੰਗ ਵਿਚ ਸੋਹਣਾ ਰੰਗ ਦੇਣਾ ਹੋਵੇ, ਤਾਂ ਪਹਿਲਾਂ ਇਸ ਨੂੰ) ਰੱਬ ਦੇ ਡਰ ਰੂਪ ਖੁੰਬ ਤੇ ਧਰੀਏ; ਫੇਰ ਮਿਹਨਤ ਤੇ ਉੱਦਮ ਦੀ ਪਾਹ ਦੇਈਏ।
21187	468	ਨਾਨਕ ਭਗਤੀ ਜੇ ਰਪੈ ਕੂੜੈ ਸੋਇ ਨ ਕੋਇ॥੧॥	(ਰਪੈ) ਰੰਗਿਆ ਜਾਏ। ਰਪੈ:ਪੋਲਾ ਬੋਲੋ। (ਸੋਇ) ਖਬਰ	Naanak Bhagathee Jae Rapai Koorrai Soe N Koe ||1||	O Nanak, if one is imbued with devotional worship, his reputation is not false. ||1||	(ਇਸ ਤੋਂ ਪਿਛੋਂ) ਹੇ ਨਾਨਕ! ਜੇ (ਇਸ ਮਨ ਨੂੰ) ਰੱਬ ਦੀ ਭਗਤੀ ਵਿਚ ਰੰਗਿਆ ਜਾਏ, ਤਾਂ ਮਾਇਆ-ਛਲ ਇਸ ਦੇ ਨੇੜੇ ਭੀ ਨਹੀਂ ਢੁਹ ਸਕਦਾ ॥੧॥

21188	468	ਮਃ ੧॥	(ਮਹਤਾ) ਵਜ਼ੀਰ। (ਸਿਕਦਾਰੁ) ਸਰਦਾਰ। ਲੱਬੁ। ਮਹ-ਤਾ: ਪੋਲਾ ਬੋਲੋ	Ma 1 ||	First Mehl:	
21189	468	ਲਬੁ ਪਾਪੁ ਦੁਇ ਰਾਜਾ ਮਹਤਾ ਕੂੜੁ ਹੋਆ ਸਿਕਦਾਰੁ॥		Lab Paap Dhue Raajaa Mehathaa Koorr Hoaa Sikadhaar ||	Greed and sin are the king and prime minister; falsehood is the treasurer.	(ਜਗਤ ਵਿਚ ਜੀਵਾਂ ਵਾਸਤੇ) ਜੀਭ ਦਾ ਚਸਕਾ, ਮਾਨੋ, ਰਾਜਾ ਹੈ, ਪਾਪ ਵਜ਼ੀਰ ਹੈ ਅਤੇ ਝੂਠ ਚੌਧਰੀ ਹੈ,
21190	468	ਕਾਮੁ ਨੇਬੁ ਸਦਿ ਪੁਛੀਐ ਬਹਿਬਹਿ ਕਰੇ ਬੀਚਾਰੁ॥	(ਨੇਬੁ) ਚੋਬਦਾਰ। ਸੱਦਿ	Kaam Naeb Sadh Pushheeai Behi Behi Karae Beechaar ||	Sexual desire, the chief advisor, is summoned and consulted; they all sit together and contemplate their plans.	(ਇਸੇ ਲੱਬ ਤੇ ਪਾਪ ਦੇ ਦਰਬਾਰ ਵਿਚ ਕਾਮ ਨਾਇਬ ਹੈ, (ਇਸ ਨੂੰ) ਸੱਦ ਕੇ ਸਲਾਹ ਪੁੱਛੀ ਜਾਂਦੀ ਹੈ, ਇਹੀ ਇਹਨਾਂ ਦਾ ਵੱਡਾ ਸਲਾਹਕਾਰ ਹੈ।
21191	469	ਅੰਧੀ ਰਯਤਿ ਗਿਆਨ ਵਿਹੂਣੀ ਭਾਹਿ ਭਰੇ ਮੁਰਦਾਰੁ॥	ਯ ਤਾਲੂ ਤੋਂ ਬੋਲੋ(ਰ-ਯਤਿ) ਪਰਜਾ। ਤ੍ਰਿਸ਼ਨਾਦੀ (ਭਾਹਿ) ਅੱਗ। (ਮੁਰਦਾਰਿ) ਰਿਸ਼ਵਤ	Andhhee Rayath Giaan Vihoonee Bhaahi Bharae Muradhaar ||	Their subjects are blind, and without wisdom, they try to please the will of the dead.	(ਇਹਨਾਂ ਦੀ) ਪਰਜਾ ਗਿਆਨ ਤੋਂ ਸੱਖਣੀ (ਹੋਣ ਦੇ ਕਾਰਣ), ਮਾਨੋ ਅੰਨ੍ਹੀ ਹੋਈ ਹੋਈ ਹੈ ਅਤੇ ਤ੍ਰਿਸ਼ਨਾ (ਅੱਗ) ਦੀ ਚੱਟੀ ਭਰ ਰਹੀ ਹੈ।
21192	469	ਗਿਆਨੀ ਨਚਹਿ ਵਾਜੇ ਵਾਵਹਿ ਰੂਪ ਕਰਹਿ ਸੀਗਾਰੁ॥	(ਵਾਵਹਿ) ਵਜਾਂਦੇ	Giaanee Nachehi Vaajae Vaavehi Roop Karehi Seegaar ||	The spiritually wise dance and play their musical instruments, adorning themselves with beautiful decorations.	ਜੋ ਮਨੁੱਖ ਆਪਣੇ ਆਪ ਨੂੰ ਗਿਆਨ-ਵਾਨ (ਉਪਦੇਸ਼ਕ) ਅਖਵਾਂਦੇ ਹਨ, ਉਹ ਨੱਚਦੇ ਹਨ, ਵਾਜੇ ਵਜਾਂਦੇ ਹਨ ਅਤੇ ਕਈ ਤਰ੍ਹਾਂ ਦੇ ਭੇਸ ਵਟਾਂਦੇ ਹਨ ਤੇ ਸ਼ਿੰਗਾਰ ਕਰਦੇ ਹਨ;

21193	469	ਊਚੇ ਕੂਕਹਿ ਵਾਦਾ ਗਾਵਹਿ ਜੋਧਾ ਕਾ ਵੀਚਾਰੁ॥	(ਵੱਾਦਾ) ਜੰਗਾਂ ਦੇ ਪ੍ਰਸੰਗ। (ਜੋਧਾਂ) ਸੂਰਮਿਆਂ	Oochae Kookehi Vaadhaa Gaavehi Jodhhaa Kaa Veechaar ||	They shout out loud, and sing epic poems and heroic stories.	ਉਹ ਗਿਆਨੀ ਉੱਚੀ ਉੱਚੀ ਕੂਕਦੇ ਹਨ, ਜੁੱਧਾਂ ਦੇ ਪਰਸੰਗ ਸੁਣਾਂਦੇ ਹਨ ਅਤੇ ਜੋਧਿਆਂ ਦੀਆਂ ਵਾਰਾਂ ਦੀ ਵਿਆਖਿਆ ਕਰਦੇ ਹਨ।
21194	469	ਮੂਰਖ ਪੰਡਿਤ ਹਿਕਮਤਿ ਹੁਜਤਿ ਸੰਜੈ ਕਰਹਿ ਪਿਆਰੁ॥	(ਹਿਕਮਤਿ) ਚਲਾਕੀ। (ਹੁੱਜਤਿ) ਦਲੀਲ। ਮਾਇਆ (ਸੰਜੈ) ਇਕੱਠੀ	Moorakh Panddith Hikamath Hujath Sanjai Karehi Piaar ||	The fools call themselves spiritual scholars, and by their clever tricks, they love to gather wealth.	ਪੜ੍ਹੇ-ਲਿਖੇ ਮੂਰਖ ਨਿਰੀਆਂ ਚਲਾਕੀਆਂ ਕਰਨੀਆਂ ਤੇ ਦਲੀਲਾਂ ਦੇਣੀਆਂ ਹੀ ਜਾਣਦੇ ਹਨ, (ਪਰ) ਮਾਇਆ ਦੇ ਇਕੱਠਾ ਕਰਨ ਵਿਚ ਜੁੱਟੇ ਹੋਏ ਹਨ।
21195	469	ਧਰਮੀ ਧਰਮੁ ਕਰਹਿ ਗਾਵਾਵਹਿ ਮੰਗਹਿ ਮੋਖ ਦੁਆਰੁ॥	ਗਾ-ਵਾ-ਵਹਿ	Dhharamee Dhharam Karehi Gaavaavehi Mangehi Mokh Dhuaar ||	The righteous waste their righteousness, by asking for the door of salvation.	(ਜੋ ਮਨੁੱਖ ਆਪਣੇ ਆਪ ਨੂੰ) ਧਰਮੀ ਸਮਝਦੇ ਹਨ, ਉਹ ਆਪਣੇ ਵਲੋਂ (ਤਾਂ) ਧਰਮ ਦਾ ਕੰਮ ਕਰਦੇ ਹਨ, ਪਰ (ਸਾਰੀ) (ਮਿਹਨਤ) ਗਵਾ ਬੈਠਦੇ ਹਨ, (ਕਿਉਂਕਿ ਇਸ ਦੇ ਵੱਟੇ ਵਿਚ) ਮੁਕਤੀ ਦਾ ਦਰ ਮੰਗਦੇ ਹਨ ਕਿ ਅਸੀਂ ਮੁਕਤ ਹੋ ਜਾਵੀਏ, (ਭਾਵ, ਧਰਮ ਦਾ ਕੰਮ ਤਾਂ ਕਰਦੇ ਹਨ ਪਰ ਨਿਸ਼ਕਾਮ ਹੋ ਕੇ ਨਹੀਂ, ਅਜੇ ਭੀ ਵਾਸ਼ਨਾ ਦੇ ਬੱਧੇ ਹਨ)।
21196	469	ਜਤੀ ਸਦਾਵਹਿ ਜੁਗਤਿ ਨ ਜਾਣਹਿ ਛਡਿ ਬਹਹਿ ਘਰ ਬਾਰੁ॥	ਸਦਾ-ਵਹਿ, ਬਹ-ਹਿ	Jathee Sadhaavehi Jugath N Jaanehi Shhadd Behehi Ghar Baar ||	They call themselves celibate, and abandon their homes, but they do not know the true way of life.	(ਕਈ ਅਜਿਹੇ ਹਨ ਜੋ ਆਪਣੇ ਆਪ ਨੂੰ) ਜਤੀ ਅਖਵਾਂਦੇ ਹਨ, ਜਤੀ ਹੋਣ ਦੀ ਜੁਗਤੀ ਜਾਣਦੇ ਨਹੀਂ (ਐਵੇਂ ਵੇਖੋ-ਵੇਖੀ) ਘਰ-ਘਾਟ ਛੱਡ ਜਾਂਦੇ ਹਨ।

21197	469	ਸਭੁ ਕੋ ਪੂਰਾ ਆਪੇ ਹੋਵੈ ਘਟਿ ਨ ਕੋਈ ਆਖੈ॥		Sabh Ko Pooraa Aapae Hovai Ghatt N Koee Aakhai ||	Everyone calls himself perfect; none call themselves imperfect.	(ਇਸ ਲੱਬ, ਪਾਪ, ਕੂੜ ਅਤੇ ਕਾਮ ਦਾ ਇਤਨਾ ਜਥ੍ਹਾ ਹੈ,) (ਜਿਧਰ ਤੱਕੋ) ਹਰੇਕ ਜੀਵ ਆਪਣੇ ਆਪ ਨੂੰ ਪੂਰਨ ਤੌਰ ਤੇ ਸਿਆਣਾ ਸਮਝਦਾ ਹੈ। ਕੋਈ ਮਨੁੱਖ ਇਹ ਨਹੀਂ ਆਖਦਾ ਕਿ ਮੇਰੇ ਵਿਚ ਕੋਈ ਊਣਤਾ ਹੈ।
21198	469	ਪਤਿ ਪਰਵਾਣਾ ਪਿਛੈ ਪਾਈਐ ਤਾ ਨਾਨਕ ਤੋਲਿਆ ਜਾਪੈ॥੨॥	(ਪਤਿ) ਇੱਜ਼ਤ।ਪਤਿ:ਪੋਲਾ ਬੋਲੋ (ਪਰਵਾਣਾ) ਵੱਟਾ। (ਪਿਛੈ) ਤੱਕੜੀ ਦੇ ਦੂਜੇ ਪੱਲੇ ਚ ਪਾਈਐ	Path Paravaanaa Pishhai Paaeeai Thaa Naanak Tholiaa Jaapai ||2||	If the weight of honor is placed on the scale, then, O Nanak, one sees his true weight. ||2||	ਪਰ ਹੇ ਨਾਨਕ! ਤਾਂ ਹੀ ਮਨੁੱਖ ਤੋਲ ਵਿਚ (ਭਾਵ, ਪਰਖ ਵਿਚ) ਪੂਰਾ ਉਤਰਦਾ ਹੈ ਜੇ ਤੱਕੜੀ ਦੇ ਦੂਜੇ ਪੱਲੇ ਵਿਚ (ਰੱਬ ਦੀ ਦਰਗਾਹ ਵਿਚ ਮਿਲੀ ਹੋਈ) ਇੱਜ਼ਤ ਰੂਪ ਵੱਟਾ ਪਾਇਆ ਜਾਏ; ਭਾਵ ਉਹੀ ਮਨੁੱਖ ਊਣਤਾ-ਰਹਿਤ ਹੈ, ਜਿਸ ਨੂੰ ਪ੍ਰਭੂ ਦੀ ਦਰਗਾਹ ਵਿਚ ਆਦਰ ਮਿਲੇ ॥੨॥
21199	469	ਮਃ ੧॥		Ma 1 ||	First Mehl:	
21200	469	ਵਦੀ ਸੁਵਜਗਿ ਨਾਨਕਾ ਸਚਾ ਵੇਖੈ ਸੋਇ॥	ਵਾਹਿਗੁਰੂ ਜੀ ਨੇ ਜੋ ਨੇਤ (ਵਦੀ) ਮਿਥੀ ਹੈ। (ਸੁ-ਵੱਜਗਿ) ਪ੍ਰਗਟ	Vadhee S Vajag Naanakaa Sachaa Vaekhai Soe ||	Evil actions become publicly known; O Nanak, the True Lord sees everything.	ਹੇ ਨਾਨਕ! ਜੋ ਗੱਲ ਰੱਬ ਵਲੋਂ ਥਾਪੀ ਜਾ ਚੁਕੀ ਹੈ ਉਹੀ ਹੋ ਕੇ ਰਹੇਗੀ, (ਕਿਉਂਕਿ) ਉਹ ਸੱਚਾ ਪ੍ਰਭੂ (ਹਰੇਕ ਜੀਵ ਦੀ ਆਪ) ਸੰਭਾਲ ਕਰ ਰਿਹਾ ਹੈ।
21201	469	ਸਭਨੀ ਛਾਲਾ ਮਾਰੀਆ ਕਰਤਾ ਕਰੇ ਸੁ ਹੋਇ॥		Sabhanee Shhaalaa Maareeaa Karathaa Karae S Hoe ||	Everyone makes the attempt, but that alone happens which the Creator Lord does.	ਸਾਰੇ ਜੀਵ ਆਪੋ ਆਪਣਾ ਜ਼ੋਰ ਲਾਂਦੇ ਹਨ, ਪਰ ਹੁੰਦੀ ਉਹੀ ਹੈ ਜੋ ਕਰਤਾਰ ਕਰਦਾ ਹੈ।

21202	469	ਅਗੈ ਜਾਤਿ ਨ ਜੋਰੁ ਹੈ ਅਗੈ ਜੀਉ ਨਵੇ॥		Agai Jaath N Jor Hai Agai Jeeo Navae ||	In the world hereafter, social status and power mean nothing; hereafter, the soul is new.	ਰੱਬ ਦੀ ਦਰਗਾਹ ਵਿਚ ਨਾ (ਕਿਸੇ ਉੱਚੀ ਨੀਵੀਂ) ਜਾਤ (ਦਾ ਵਿਤਕਰਾ) ਹੈ, ਨਾ ਹੀ (ਕਿਸੇ ਦਾ) ਧੱਕਾ (ਚੱਲ ਸਕਦਾ) ਹੈ, ਕਿਉਂਕਿ ਓਥੇ ਉਹਨਾਂ ਜੀਵਾਂ ਨਾਲ ਵਾਹ ਪੈਂਦਾ ਹੈ ਜੋ ਓਪਰੇ ਹਨ (ਭਾਵ, ਉਹ ਕਿਸੇ ਦੀ ਉੱਚੀ ਜਾਤ ਜਾਂ ਜ਼ੋਰ ਜਾਣਦੇ ਹੀ ਨਹੀਂ, ਇਸ ਵਾਸਤੇ ਕਿਸੇ ਦਬਾਉ ਵਿਚ ਨਹੀਂ ਆਉਂਦੇ)।
21203	469	ਜਿਨ ਕੀ ਲੇਖੈ ਪਤਿ ਪਵੈ ਚੰਗੇ ਸੇਈ ਕੇਇ॥੩॥	ਕੇ-ਇ	Jin Kee Laekhai Path Pavai Changae Saeee Kaee ||3||	Those few, whose honor is confirmed, are good. ||3||	ਓਥੇ ਉਹੋ ਕੋਈ ਕੋਈ ਮਨੁੱਖ ਭਲੇ ਗਿਣੇ ਜਾਂਦੇ ਹਨ, ਜਿਨ੍ਹਾਂ ਨੂੰ ਕਰਮਾਂ ਦਾ ਲੇਖਾ ਹੋਣ ਵੇਲੇ ਆਦਰ ਮਿਲਦਾ ਹੈ (ਭਾਵ ਜਿਨ੍ਹਾਂ ਨੇ ਜਗਤ ਵਿਚ ਭਲੇ ਕੰਮ ਕੀਤੇ ਹੋਏ ਸਨ, ਤੇ ਇਸ ਕਰਕੇ ਉਹਨਾਂ ਨੂੰ ਰੱਬ ਦੇ ਦਰ ਤੇ ਆਦਰ ਮਿਲਦਾ ਹੈ) ॥੩॥
21204	469	ਪਉੜੀ॥	(ਕਰਮੁ) ਬਖ਼ਸ਼ਸ਼	Pourree ||	Pauree:	
21205	469	ਧੁਰਿ ਕਰਮੁ ਜਿਨਾ ਕਉ ਤੁਧੁ ਪਾਇਆ ਤਾ ਤਿਨੀ ਖਸਮੁ ਧਿਆਇਆ॥		Dhhur Karam Jinaa Ko Thudhh Paaeiaa Thaa Thinee Khasam Dhhiaaeiaa ||	Only those whose karma You have pre-ordained from the very beginning, O Lord, meditate on You.	(ਹੇ ਪ੍ਰਭੂ!) ਜਿਨ੍ਹਾਂ ਮਨੁੱਖਾਂ ਉੱਤੇ ਤੂੰ ਧੁਰੋਂ ਬਖ਼ਸ਼ਸ਼ ਕੀਤੀ ਹੈ, ਉਹਨਾਂ ਨੇ ਹੀ ਮਾਲਕ ਨੂੰ (ਭਾਵ, ਤੈਨੂੰ) ਸਿਮਰਿਆ ਹੈ।

21206	469	ਏਨਾ ਜੰਤਾ ਕੈ ਵਸਿ ਕਿਛੁ ਨਾਹੀ ਤੁਧੁ ਵੇਕੀ ਜਗਤੁ ਉਪਾਇਆ॥	(ਵੇਕੀ) ਤਰਾਂ ਤਰਾਂ ਦਾ। ਵੱਸਿ ਜੱਗਤੁ	Eaenaa Janthaa Kai Vas Kishh Naahee Thudhh Vaekee Jagath Oupaaeiaa ||	Nothing is in the power of these beings; You created the various worlds.	ਇਹਨਾਂ ਜੀਵਾਂ ਦੇ ਆਪਣੇ ਇਖ਼ਤਿਆਰ ਕੁਝ ਨਹੀਂ ਹੈ (ਕਿ ਤੇਰਾ ਸਿਮਰਨ ਕਰ ਸਕਣ)। ਤੂੰ ਰੰਗਾ-ਰੰਗ ਦਾ ਜਗਤ ਪੈਦਾ ਕੀਤਾ ਹੈ;
21207	469	ਇਕਨਾ ਨੋ ਤੂੰ ਮੇਲਿ ਲੈਹਿ ਇਕਿ ਆਪਹੁ ਤੁਧੁ ਖੁਆਇਆ॥	(ਖੁਆਇਆ) ਖੁੰਝਾਇਆ	Eikanaa No Thoon Mael Laihi Eik Aapahu Thudhh Khuaaeiaa ||	Some, You unite with Yourself, and some, You lead astray.	ਕਈ ਜੀਵਾਂ ਨੂੰ ਤੂੰ ਆਪਣੇ ਚਰਨਾਂ ਵਿਚ ਜੋੜੀ ਰੱਖਦਾ ਹੈਂ, ਪਰ ਕਈ ਜੀਆਂ ਨੂੰ ਤਾਂ ਤੂੰ ਆਪਣੇ ਨਾਲੋਂ ਵਿਛੋੜਿਆ ਹੋਇਆ ਹੈ।
21208	469	ਗੁਰ ਕਿਰਪਾ ਤੇ ਜਾਣਿਆ ਜਿਥੈ ਤੁਧੁ ਆਪੁ ਬੁਝਾਇਆ॥	ਬੁੱਝਾਇਆ	Gur Kirapaa Thae Jaaniaa Jithhai Thudhh Aap Bujhaaeiaa ||	By Guru's Grace You are known; through Him, You reveal Yourself.	ਜਿਸ (ਵਡਭਾਗੀ) ਮਨੁੱਖ ਦੇ ਹਿਰਦੇ ਵਿਚ ਤੂੰ ਆਪਣੇ ਆਪ ਦੀ ਸੂਝ ਪਾ ਦਿੱਤੀ ਹੈ, ਉਸ ਨੇ ਸਤਿਗੁਰੂ ਦੀ ਮਿਹਰ ਨਾਲ ਤੈਨੂੰ ਪਛਾਣ ਲਿਆ ਹੈ,
21209	469	ਸਹਜੇ ਹੀ ਸਚਿ ਸਮਾਇਆ॥੧੧॥		Sehajae Hee Sach Samaaeiaa ||11||	We are easily absorbed in You. ||11||	ਅਤੇ ਉਹ ਸਹਿਜ ਸੁਭਾਇ ਹੀ (ਆਪਣੇ) ਅਸਲੇ ਵਿਚ ਇਕ-ਮਿਕ ਹੋ ਗਿਆ ਹੈ ॥੧੧॥
21210	469	ਸਲੋਕੁ ਮਃ ੧॥	(ਤਾਮਿ)ਇੱਛਾ	Salok Ma 1 ||	Shalok, First Mehl:	

21211	469	ਦੁਖੁ ਦਾਰੂ ਸੁਖੁ ਰੋਗੁ ਭਇਆ ਜਾ ਸੁਖੁ ਤਾਮਿ ਨ ਹੋਈ॥		Dhukh Dhaaroo Sukh Rog Bhaeiaa Jaa Sukh Thaam N Hoee ||	Suffering is the medicine, and pleasure the disease, because where there is pleasure, there is no desire for God.	(ਹੇ ਪ੍ਰਭੂ! ਤੇਰੀ ਅਜਬ ਕੁਦਰਤ ਹੈ ਕਿ) ਬਿਪਤਾ (ਜੀਵਾਂ ਦੇ ਰੋਗਾਂ ਦਾ) ਇਲਾਜ (ਬਣ ਜਾਂਦੀ) ਹੈ, ਅਤੇ ਸੁਖ (ਉਹਨਾਂ ਲਈ) ਦੁੱਖ ਦਾ (ਕਾਰਨ) ਹੋ ਜਾਂਦਾ ਹੈ। ਪਰ ਜੇ (ਅਸਲੀ ਆਤਮਕ) ਸੁਖ (ਜੀਵ ਨੂੰ) ਮਿਲ ਜਾਏ, ਤਾਂ (ਦੁੱਖ) ਨਹੀਂ ਰਹਿੰਦਾ।
21212	469	ਤੂੰ ਕਰਤਾ ਕਰਣਾ ਮੈ ਨਾਹੀ ਜਾ ਹਉ ਕਰੀ ਨ ਹੋਈ॥੧॥	ਮੈਂ	Thoon Karathaa Karanaa Mai Naahee Jaa Ho Karee N Hoee ||1||	You are the Creator Lord; I can do nothing. Even if I try, nothing happens. ||1||	ਹੇ ਪ੍ਰਭੂ! ਤੂੰ ਕਰਨਹਾਰ ਕਰਤਾਰ ਹੈਂ (ਤੂੰ ਆਪ ਹੀ ਇਹਨਾਂ ਭੇਤਾਂ ਨੂੰ ਸਮਝਦਾ ਹੈਂ), ਮੇਰੀ ਸਮਰਥਾ ਨਹੀਂ ਹੈ (ਕਿ ਮੈਂ ਸਮਝ ਸਕਾਂ)। ਜੇ ਮੈਂ ਆਪਣੇ ਆਪ ਨੂੰ ਕੁਝ ਸਮਝ ਲਵਾਂ (ਭਾਵ, ਜੇ ਮੈਂ ਇਹ ਖ਼ਿਆਲ ਕਰਨ ਲੱਗ ਪਵਾਂ ਕਿ ਮੈਂ ਤੇਰੇ ਭੇਤ ਨੂੰ ਸਮਝ ਸਕਦਾ ਹਾਂ) ਤਾਂ ਇਹ ਗੱਲ ਫਬਦੀ ਨਹੀਂ ॥੧॥
21213	469	ਬਲਿਹਾਰੀ ਕੁਦਰਤਿ ਵਸਿਆ ਤੇਰਾ ਅੰਤੁ ਨ ਜਾਈ ਲਖਿਆ॥੧॥ਰਹਾਉ ॥		Balihaaree Kudharath Vasiaa Thaeraa Anth N Jaaee Lakhiaa ||1|| Rehaao ||	I am a sacrifice to Your almighty creative power which is pervading everywhere. Your limits cannot be known. ||1||Pause||	ਹੇ ਕੁਦਰਤ ਵਿਚ ਵੱਸ ਰਹੇ ਕਰਤਾਰ! ਮੈਂ ਤੈਥੋਂ ਸਦਕੇ ਹਾਂ, ਤੇਰਾ ਅੰਤ ਪਾਇਆ ਨਹੀਂ ਜਾ ਸਕਦਾ ॥੧॥ ਰਹਾਉ ॥

21214	469	ਜਾਤਿ ਮਹਿ ਜੋਤਿ ਜੋਤਿ ਮਹਿ ਜਾਤਾ ਅਕਲ ਕਲਾ ਭਰਪੂਰਿ ਰਹਿਆ॥	(ਜਾਤਿ) ਸ੍ਰਿਸ਼ਟੀ। (ਜਾੱਤਾ) ਜਾਣਿਆ। (ਅ-ਕਲ)ਕਲਪਣਾ ਰਹਿਤ ਬ੍ਰਹਮ	Jaath Mehi Joth Joth Mehi Jaathaa Akal Kalaa Bharapoor Rehiaa ||	Your Light is in Your creatures, and Your creatures are in Your Light; Your almighty power is pervading everywhere.	ਸਾਰੀ ਸ੍ਰਿਸ਼ਟੀ ਵਿਚ ਤੇਰਾ ਹੀ ਨੂਰ ਵੱਸ ਰਿਹਾ ਹੈ, ਸਾਰੇ ਜੀਵਾਂ ਵਿਚ ਤੇਰਾ ਹੀ ਪ੍ਰਕਾਸ਼ ਹੈ, ਤੂੰ ਸਭ ਥਾਈਂ ਇਕ-ਰਸ ਵਿਆਪਕ ਹੈਂ।
21215	469	ਤੂੰ ਸਚਾ ਸਾਹਿਬੁ ਸਿਫਤਿ ਸੁਆਲ੍ਹਿਉ ਜਿਨਿ ਕੀਤੀ ਸੋ ਪਾਰਿ ਪਇਆ॥	(ਸਿਫਤਿ) ਵਡਿਆਈ। (ਸੁਆਲ੍ਹਿਉ) ਸੁੰਦਰ	Thoon Sachaa Saahib Sifath Suaaliho Jin Keethee So Paar Paeiaa ||	You are the True Lord and Master; Your Praise is so beautiful. One who sings it, is carried across.	ਹੇ ਪ੍ਰਭੂ! ਤੂੰ ਸਦਾ-ਥਿਰ ਰਹਿਣ ਵਾਲਾ ਹੈਂ, ਤੇਰੀਆਂ ਸੋਹਣੀਆਂ ਵਡਿਆਈਆਂ ਹਨ। ਜਿਸ ਜਿਸ ਨੇ ਤੇਰੇ ਗੁਣ ਗਾਏ ਹਨ, ਉਹ ਸੰਸਾਰ-ਸਮੁੰਦਰ ਤੋਂ ਤਰ ਗਿਆ ਹੈ।
21216	469	ਕਹੁ ਨਾਨਕ ਕਰਤੇ ਕੀਆ ਬਾਤਾ ਜੋ ਕਿਛੁ ਕਰਣਾ ਸੁ ਕਰਿ ਰਹਿਆ॥੨॥	ਬਾਤਾਂ	Kahu Naanak Karathae Keeaa Baathaa Jo Kishh Karanaa S Kar Rehiaa ||2||	Nanak speaks the stories of the Creator Lord; whatever He is to do, He does. ||2||	ਹੇ ਨਾਨਕ! (ਤੂੰ ਭੀ) ਕਰਤਾਰ ਦੀ ਸਿਫ਼ਤਿ-ਸਾਲਾਹ ਕਰ, (ਤੇ ਆਖ ਕਿ) ਪ੍ਰਭੂ ਜੋ ਕੁਝ ਕਰਨਾ ਚੰਗਾ ਸਮਝਦਾ ਹੈ ਉਹ ਕਰ ਰਿਹਾ ਹੈ (ਭਾਵ, ਉਸ ਦੇ ਕੰਮਾਂ ਵਿਚ ਕਿਸੇ ਦਾ ਦਖ਼ਲ ਨਹੀਂ ਹੈ) ॥੨॥
21217	469	ਮਃ ੨॥		Ma 2 ||	Second Mehl:	
21218	469	ਜੋਗ ਸਬਦੰ ਗਿਆਨ ਸਬਦੰ ਬੇਦ ਸਬਦੰ ਬ੍ਰਾਹਮਣਹ॥		Jog Sabadhan Giaan Sabadhan Baedh Sabadhan Braahamaneh ||	The Way of Yoga is the Way of spiritual wisdom; the Vedas are the Way of the Brahmins.	ਜੋਗ ਦਾ ਧਰਮ ਗਿਆਨ ਪ੍ਰਾਪਤ ਕਰਨਾ ਹੈ (ਬ੍ਰਹਮ ਦੀ ਵਿਚਾਰ ਕਰਨਾ ਹੈ)। ਬ੍ਰਾਹਮਣਾਂ ਦਾ ਧਰਮ ਵੇਦਾਂ ਦੀ ਵਿਚਾਰ ਹੈ।

21219	469	ਖਤ੍ਰੀ ਸਬਦੰ ਸੂਰ ਸਬਦੰ ਸੂਦ੍ਰ ਸਬਦੰ ਪਰਾਕ੍ਰਿਤਹ॥	(ਸਬਦੰ)ਧਰਮ। (ਸਬਦੰ)ਉਪਦੇਸ਼। (ਪਰਾ-ਕ੍ਰਿਤਹ) ਪਰਾਈ ਕ੍ਰਿਤ ਕਰਨੀ ਤਥਾ ਵੈਸ ਨੇ (ਪਰਾ) ਵਿਸ਼ੇਸ਼ ਕਰਕੇ ਕ੍ਰਿਤ ਕਰਨੀ। ਖੱਤ੍ਰੀ	Khathree Sabadhan Soor Sabadhan Soodhr Sabadhan Paraa Kiratheh ||	The Way of the Khshatriya is the Way of bravery; the Way of the Shudras is service to others.	ਖਤ੍ਰੀਆਂ ਦਾ ਧਰਮ ਸੂਰਮਿਆਂ ਵਾਲੇ ਕੰਮ ਕਰਨਾ ਹੈ, ਅਤੇ ਸ਼ੂਦਰਾਂ ਦਾ ਧਰਮ ਦੂਜਿਆਂ ਦੀ ਸੇਵਾ ਕਰਨੀ।
21220	469	ਸਰਬ ਸਬਦੰ ਏਕ ਸਬਦੰ ਜੇ ਕੋ ਜਾਣੈ ਭੇਉ॥		Sarab Sabadhan Eaek Sabadhan Jae Ko Jaanai Bhaeo ||	The Way of all is the Way of the One; Nanak is a slave to one who knows this secret;	ਪਰ ਸਾਰਿਆਂ ਦਾ ਮੁੱਖ-ਧਰਮ ਇਹ ਹੈ ਕਿ ਇਕ ਪ੍ਰਭੂ ਦਾ ਸਿਮਰਨ ਕਰੀਏ। ਜੋ ਮਨੁੱਖ ਇਸ ਭੇਦ ਨੂੰ ਜਾਣਦਾ ਹੈ,
21221	469	ਨਾਨਕੁ ਤਾ ਕਾ ਦਾਸੁ ਹੈ ਸੋਈ ਨਿਰੰਜਨ ਦੇਉ॥੩॥		Naanak Thaa Kaa Dhaas Hai Soee Niranjan Dhaeo ||3||	He himself is the Immaculate Divine Lord. ||3||	ਨਾਨਕ ਉਸ ਦਾ ਦਾਸ ਹੈ, ਉਹ ਮਨੁੱਖ ਪ੍ਰਭੂ ਦਾ ਰੂਪ ਹੈ ॥੩॥
21222	469	ਮਃ ੨॥		Ma 2 ||	Second Mehl:	
21223	469	ਏਕ ਕ੍ਰਿਸਨੰ ਸਰਬ ਦੇਵਾ ਦੇਵ ਦੇਵਾ ਤ ਆਤਮਾ॥	(ਕ੍ਰਿਸਨੰ)ਪ੍ਰਮੇਸਰ। ਅਨੇਕਾਂਚੰਦ੍ਰਮਿਆਂ ਸੂਰਜਾਂ ਆਦਿ ਪ੍ਰਕਾਸ਼ਕਾਂ ਦੇ ਪ੍ਰਕਾਸ਼ਕ। (ਆਤਮਾ)ਆਪਣਾ ਆਪ ਸੂਰਪ ਬ੍ਰਹਮ ਜੀ	Eaek Kirasanan Sarab Dhaevaa Dhaev Dhaevaa Th Aathamaa ||	The One Lord Krishna is the Divine Lord of all; He is the Divinity of the individual soul.	ਇਕ ਪਰਮਾਤਮਾ ਹੀ ਸਾਰੇ ਦੇਵਤਿਆਂ ਦਾ ਆਤਮਾ ਹੈ, ਦੇਵਤਿਆਂ ਦੇ ਦੇਵਤਿਆਂ ਦਾ ਭੀ ਆਤਮਾ ਹੈ।

21224	469	ਆਤਮਾ ਬਾਸੁਦੇਵਸ੍ਯਿ ਜੇ ਕੋ ਜਾਣੈ ਭੇਉ॥	(ਆਤਮਾ)ਜੀਵ। (ਬਾਸੁਦੇਵਸ੍ਯਿ)ਪ੍ਰਮੇਸਰ ਸਰੂਪ ਹੈ। (ਭੇਉ) ਭੇਦ। ਬਾਸੁ-ਦੇਵੱਸਿਅ	Aathamaa Baasudhaevasiy Jae Ko Jaanai Bhaeo ||	Nanak is a slave to anyone who understands this mystery of the all-pervading Lord;	ਜੋ ਮਨੁੱਖ ਪ੍ਰਭੂ ਦੇ ਆਤਮਾ ਦਾ ਭੇਦ ਜਾਣ ਲੈਂਦਾ ਹੈ,
21225	469	ਨਾਨਕੁ ਤਾ ਕਾ ਦਾਸੁ ਹੈ ਸੋਈ ਨਿਰੰਜਨ ਦੇਉ॥੪॥		Naanak Thaa Kaa Dhaas Hai Soee Niranjan Dhaeo ||4||	He himself is the Immaculate Divine Lord. ||4||	ਨਾਨਕ ਉਸ ਮਨੁੱਖ ਦਾ ਦਾਸ ਹੈ, ਉਹ ਪਰਮਾਤਮਾ ਦਾ ਰੂਪ ਹੈ ॥੪॥
21226	469	ਮਃ ੧॥		Ma 1 ||	First Mehl:	
21227	469	ਕੁੰਭੇ ਬਧਾ ਜਲੁ ਰਹੈ ਜਲ ਬਿਨੁ ਕੁੰਭੁ ਨ ਹੋਇ॥	(ਕੁੰਭੇ) ਘੜੇ ਚ। ਬੱਧਾ	Kunbhae Badhhaa Jal Rehai Jal Bin Kunbh N Hoe ||	Water remains confined within the pitcher, but without water, the pitcher could not have been formed;	(ਜਿਵੇਂ) ਪਾਣੀ ਘੜੇ (ਆਦਿਕ ਭਾਂਡੇ) ਵਿਚ ਹੀ ਬੱਝਾ ਹੋਇਆ (ਭਾਵ, ਪਿਆ ਹੋਇਆ ਇਕ ਥਾਂ) ਟਿਕਿਆ ਰਹਿ ਸਕਦਾ ਹੈ, (ਜਿਵੇਂ) ਪਾਣੀ ਤੋਂ ਬਿਨਾ ਘੜਾ ਨਹੀਂ ਬਣ ਸਕਦਾ,
21228	469	ਗਿਆਨ ਕਾ ਬਧਾ ਮਨੁ ਰਹੈ ਗੁਰ ਬਿਨੁ ਗਿਆਨੁ ਨ ਹੋਇ॥੫॥	ਬੱਧਾ	Giaan Kaa Badhhaa Man Rehai Gur Bin Giaan N Hoe ||5||	Just so, the mind is restrained by spiritual wisdom, but without the Guru, there is no spiritual wisdom. ||5||	(ਤਿਵੇਂ) (ਗੁਰੂ ਦੇ) ਗਿਆਨ (ਭਾਵ, ਉਪਦੇਸ਼) ਦਾ ਬੱਝਾ ਹੋਇਆ ਹੀ ਮਨ (ਇਕ ਥਾਂ) ਟਿਕਿਆ ਰਹਿ ਸਕਦਾ ਹੈ, (ਭਾਵ, ਵਿਕਾਰਾਂ ਵਲ ਨਹੀਂ ਦੌੜਦਾ) ਅਤੇ ਗੁਰੂ ਤੋਂ ਬਿਨਾ ਗਿਆਨ ਪੈਦਾ ਨਹੀਂ ਹੋ ਸਕਦਾ ॥੫॥
21229	469	ਪਉੜੀ॥		Pourree ||	Pauree:	

21230	469	ਪੜਿਆ ਹੋਵੈ ਗੁਨਹਗਾਰੁ ਤਾ ਓਮੀ ਸਾਧੁ ਨ ਮਾਰੀਐ॥	(ਓੱਮੀ) ਅਨਪੜ੍ਹ	Parriaa Hovai Gunehagaar Thaa Oumee Saadhh N Maareeai ||	If an educated person is a sinner, then the illiterate holy man is not to be punished.	ਜੇ ਪੜ੍ਹਿਆ-ਲਿਖਿਆ ਮਨੁੱਖ ਮੰਦ-ਕਰਮੀ ਹੋ ਜਾਏ (ਤਾਂ ਇਸ ਨੂੰ ਵੇਖ ਕੇ ਅਨਪੜ੍ਹ ਮਨੁੱਖ ਨੂੰ ਘਬਰਾਣਾ ਨਹੀਂ ਚਾਹੀਦਾ ਕਿ ਪੜ੍ਹੇ ਹੋਏ ਦਾ ਇਹ ਹਾਲ, ਤਾਂ ਅਨਪੜ੍ਹ ਦਾ ਕੀ ਬਣੇਗਾ, ਕਿਉਂਕਿ ਜੇ) ਅਨਪੜ੍ਹ ਮਨੁੱਖ ਨੇਕ ਹੈ ਤਾਂ ਉਸ ਨੂੰ ਮਾਰ ਨਹੀਂ ਪੈਂਦੀ। (ਨਿਬੇੜਾ ਮਨੁੱਖ ਦੀ ਕਮਾਈ ਤੇ ਹੁੰਦਾ ਹੈ, ਪੜ੍ਹਨ ਜਾਂ ਨਾਹ ਪੜ੍ਹਨ ਦਾ ਮੁੱਲ ਨਹੀਂ ਪੈਂਦਾ)।
21231	469	ਜੇਹਾ ਘਾਲੇ ਘਾਲਣਾ ਤੇਵੇਹੋ ਨਾਉ ਪਚਾਰੀਐ॥	(ਪਚਾਰੀਐ) ਪ੍ਰਸਿੱਧ ਹੁੰਦਾ	Jaehaa Ghaalae Ghaalanaa Thaevaeho Naao Pachaareeai ||	As are the deeds done, so is the reputation one acquires.	ਮਨੁੱਖ ਜਿਹੋ ਜਿਹੀ ਕਰਤੂਤ ਕਰਦਾ ਹੈ, ਉਸ ਦਾ ਉਹੋ ਜਿਹਾ ਹੀ ਨਾਮ ਉੱਘਾ ਹੋ ਜਾਂਦਾ ਹੈ;
21232	469	ਐਸੀ ਕਲਾ ਨ ਖੇਡੀਐ ਜਿਤੁ ਦਰਗਹ ਗਇਆ ਹਾਰੀਐ॥	ਗ–ਇਆ	Aisee Kalaa N Khaeddeeai Jith Dharageh Gaeiaa Haareeai ||	So do not play such a game, which will bring you to ruin at the Court of the Lord.	(ਤਾਂ ਤੇ) ਇਹੋ ਜਿਹੀ ਖੇਡ ਨਹੀਂ ਖੇਡਣੀ ਚਾਹੀਦੀ, ਜਿਸ ਕਰਕੇ ਦਰਗਾਹ ਵਿਚ ਜਾ ਕੇ (ਮਨੁੱਖਾ ਜਨਮ ਦੀ) ਬਾਜ਼ੀ ਹਾਰ ਬੈਠੀਏ।
21233	469	ਪੜਿਆ ਅਤੈ ਓਮੀਆ ਵੀਚਾਰੁ ਅਗੈ ਵੀਚਾਰੀਐ॥		Parriaa Athai Oumeeaa Veechaar Agai Veechaareeai ||	The accounts of the educated and the illiterate shall be judged in the world hereafter.	ਮਨੁੱਖ ਭਾਵੇਂ ਪੜ੍ਹਿਆ ਹੋਇਆ ਹੋਵੇ ਭਾਵੇਂ ਅਨਪੜ੍ਹ ਪ੍ਰਭੂ ਦੀ ਦਰਗਾਹ ਵਿਚ ਕੇਵਲ ਪ੍ਰਭੂ ਦੇ ਗੁਣਾਂ ਦੀ ਵਿਚਾਰ ਹੀ ਕਬੂਲ ਪੈਂਦੀ ਹੈ।

21234	469	ਮੁਹਿ ਚਲੈ ਸੁ ਅਗੈ ਮਾਰੀਐ॥੧੨॥	ਚੱਲੈ	Muhi Chalai S Agai Maareeai ||12||	One who stubbornly follows his own mind shall suffer in the world hereafter. ||12||	ਜੋ ਮਨੁੱਖ (ਇਸ ਜਗਤ ਵਿਚ) ਆਪਣੀ ਮਰਜ਼ੀ ਅਨੁਸਾਰ ਹੀ ਤੁਰਦਾ ਹੈ, ਉਹ ਅੱਗੇ ਜਾ ਕੇ ਮਾਰ ਖਾਂਦਾ ਹੈ ॥੧੨॥
21235	470	ਸਲੋਕੁ ਮਃ ੧॥		Salok Ma 1 ||	Shalok, First Mehl:	
21236	470	ਨਾਨਕ ਮੇਰੁ ਸਰੀਰ ਕਾ ਇਕੁ ਰਥੁ ਇਕੁ ਰਥਵਾਹੁ॥	(ਮੇਰੁ) ਸ਼੍ਰੋਮਣੀ ਮਣਕਾ	Naanak Maer Sareer Kaa Eik Rathh Eik Rathhavaahu ||	O Nanak, the soul of the body has one chariot and one charioteer.	ਹੇ ਨਾਨਕ! ਚੌਰਾਸੀਹ ਲੱਖ ਜੂਨਾਂ ਵਿਚੋਂ ਸ਼ਿਰੋਮਣੀ ਮਨੁੱਖਾ ਸਰੀਰ ਦਾ ਇਕ ਰਥ ਹੈ ਤੇ ਇਕ ਰਥਵਾਹੀ ਹੈ (ਭਾਵ, ਇਹ ਜ਼ਿੰਦਗੀ ਦਾ ਇਕ ਲੰਮਾ ਸਫ਼ਰ ਹੈ, ਮਨੁੱਖ ਮੁਸਾਫ਼ਰ ਹੈ; ਇਸ ਲੰਮੇ ਸਫ਼ਰ ਨੂੰ ਸੌਖੇ ਤਰੀਕੇ ਨਾਲ ਤੈ ਕਰਨ ਵਾਸਤੇ ਜੀਵ ਸਮੇ ਦੇ ਪਰਭਾਵ ਵਿਚ ਆਪਣੀ ਮਤ ਅਨੁਸਾਰ ਕਿਸੇ ਨ ਕਿਸੇ ਦੀ ਅਗਵਾਈ ਵਿਚ ਤੁਰ ਰਹੇ ਹਨ, ਕਿਸੇ ਨ ਕਿਸੇ ਦਾ ਆਸਰਾ ਤੱਕ ਰਹੇ ਹਨ। ਪਰ ਜਿਉਂ ਜਿਉਂ ਸਮਾ ਗੁਜ਼ਰਦਾ ਜਾ ਰਿਹਾ ਹੈ, ਜੀਵਾਂ ਦੇ ਸੁਭਾਉ ਬਦਲ ਰਹੇ ਹਨ, ਇਸ ਵਾਸਤੇ ਜੀਵਾਂ ਦਾ ਆਪਣੀ ਜ਼ਿੰਦਗੀ ਦਾ ਨਿਸ਼ਾਨਾ, ਜ਼ਿੰਦਗੀ ਦਾ ਮਨੋਰਥ ਭੀ ਬਦਲ ਰਿਹਾ ਹੈ; ਤਾਂ ਤੇ)

21237	470	ਜੁਗੁ ਜੁਗੁ ਫੇਰਿ ਵਟਾਈਅਹਿ ਗਿਆਨੀ ਬੁਝਹਿ ਤਾਹਿ॥	ਵਟਾਈ–ਅਹਿ ਬੁੱਝਹਿ	Jug Jug Faer Vattaaeeahi Giaanee Bujhehi Thaahi ||	In age after age they change; the spiritually wise understand this.	ਹਰੇਕ ਜੁਗ ਵਿਚ ਇਹ ਰਥ ਤੇ ਰਥਵਾਹੀ ਮੁੜ ਮੁੜ ਬਦਲਦੇ ਰਹਿੰਦੇ ਹਨ, ਇਸ ਭੇਦ ਨੂੰ ਸਿਆਣੇ ਮਨੁੱਖ ਸਮਝਦੇ ਹਨ।
21238	470	ਸਤਜੁਗਿ ਰਥੁ ਸੰਤੋਖੁ ਕਾ ਧਰਮੁ ਅਗੈ ਰਥਵਾਹੁ॥		Sathajug Rathh Santhokh Kaa Dhharam Agai Rathhavaahu ||	In the Golden Age of Sat Yuga, contentment was the chariot and righteousness the charioteer.	ਸਤਜੁਗ ਵਿਚ ਮਨੁੱਖਾ-ਸਰੀਰ ਦਾ ਰਥ 'ਸੰਤੋਖ' ਹੁੰਦਾ ਹੈ ਤੇ ਰਥਵਾਹੀ 'ਧਰਮ' ਹੈ (ਭਾਵ, ਜਦੋਂ ਮਨੁੱਖਾਂ ਦਾ ਆਮ ਤੌਰ ਤੇ ਜ਼ਿੰਦਗੀ ਦਾ ਨਿਸ਼ਾਨਾ 'ਧਰਮ' ਹੋਵੇ, 'ਧਰਮ' ਜੀਵਨ-ਮਨੋਰਥ ਹੋਣ ਕਰਕੇ ਸੁਤੇ ਹੀ 'ਸੰਤੋਖ' ਉਹਨਾਂ ਦੀ ਸਵਾਰੀ ਹੁੰਦਾ ਹੈ, 'ਸੰਤੋਖ' ਵਾਲਾ ਸੁਭਾਉ ਜੀਵਾਂ ਦੇ ਅੰਦਰ ਪਰਬਲ ਹੁੰਦਾ ਹੈ। ਇਹ ਜੀਵ, ਮਾਨੋ, ਸਤਜੁਗੀ ਹਨ, ਸਤਜੁਗ ਵਿਚ ਵੱਸ ਰਹੇ ਹਨ)।

21239	470	ਤ੍ਰੈਤੈ ਰਥੁ ਜਤੈ ਕਾ ਜੋਰੁ ਅਗੈ ਰਥਵਾਹੁ॥		Thraethai Rathh Jathai Kaa Jor Agai Rathhavaahu ||	In the Silver Age of Traytaa Yuga, celibacy was the chariot and power the charioteer.	ਤ੍ਰੇਤੇ ਜੁਗ ਵਿਚ ਮਨੁੱਖਾ-ਸਰੀਰ ਦਾ ਰਥ 'ਜਤੁ' ਹੈ ਤੇ ਇਸ 'ਜਤ' ਰੂਪ ਰਥ ਦੇ ਅੱਗੇ ਰਥਵਾਹੀ 'ਜੋਰੁ' ਹੈ (ਭਾਵ, ਜਦੋਂ ਮਨੁੱਖਾਂ ਦਾ ਜ਼ਿੰਦਗੀ ਦਾ ਨਿਸ਼ਾਨਾ 'ਸੂਰਮਤਾ' (Chivalry) ਹੋਵੇ, ਤਦੋਂ ਸੁਤੇ ਹੀ 'ਜਤੁ' ਉਹਨਾਂ ਦੀ ਸਵਾਰੀ ਹੁੰਦਾ ਹੈ। 'ਸੂਰਮਤਾ' ਦੇ ਪਿਆਰੇ ਮਨੁੱਖਾਂ ਦੇ ਅੰਦਰ 'ਜਤੀ' ਰਹਿਣ ਦਾ ਵਲਵਲਾ ਸਭ ਤੋਂ ਵਧੀਕ ਪਰਬਲ ਹੁੰਦਾ ਹੈ।)
21240	470	ਦੁਆਪੁਰਿ ਰਥੁ ਤਪੈ ਕਾ ਸਤੁ ਅਗੈ ਰਥਵਾਹੁ॥	ਸੱਤੁ	Dhuaapur Rathh Thapai Kaa Sath Agai Rathhavaahu ||	In the Brass Age of Dwaapar Yuga, penance was the chariot and truth the charioteer.	ਦੁਆਪਰ ਜੁਗ ਵਿਚ ਮਨੁੱਖਾ-ਸਰੀਰ ਦਾ ਰਥ 'ਤਪੁ' ਹੈ ਤੇ ਇਸ 'ਤਪ' ਰੂਪ ਰਥ ਦੇ ਅੱਗੇ ਰਥਵਾਹੀ 'ਸਤੁ' ਹੁੰਦਾ ਹੈ (ਭਾਵ, ਜਦੋਂ ਮਨੁੱਖਾਂ ਦੀ ਜ਼ਿੰਦਗੀ ਦਾ ਨਿਸ਼ਾਨਾ ਉੱਚਾ ਆਚਰਨ ਹੋਵੇ, ਤਦੋਂ ਸੁਤੇ ਹੀ 'ਤਪ' ਉਹਨਾਂ ਦੀ ਸਵਾਰੀ ਹੁੰਦਾ ਹੈ। 'ਉੱਚੇ ਆਚਰਨ' ਦੇ ਆਸ਼ਕ ਆਪਣੇ ਸਰੀਰਕ ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਬਚਾਣ ਦੀ ਖ਼ਾਤਰ ਕਈ ਤਰ੍ਹਾਂ ਦੇ ਤਪ, ਕਸ਼ਟ ਝੱਲਦੇ ਹਨ)।

21241	470	ਕਲਜੁਗਿ ਰਥੁ ਅਗਨਿ ਕਾ ਕੂੜੁ ਅਗੈ ਰਥਵਾਹੁ॥੧॥	ਕਲਜੁੱਗਿ	Kalajug Rathh Agan Kaa Koorr Agai Rathhavaahu ||1||	In the Iron Age of Kali Yuga, fire is the chariot and falsehood the charioteer. ||1||	ਕਲਜੁਗ ਵਿਚ ਮਨੁੱਖਾ-ਸਰੀਰ ਦਾ ਰਥ ਤ੍ਰਿਸ਼ਨਾ-ਅੱਗ ਹੈ ਤੇ ਇਸ 'ਅੱਗ' ਰੂਪ ਰਥ ਦੇ ਅੱਗੇ ਰਥਵਾਹੀ 'ਕੂੜੁ' ਹੈ (ਭਾਵ, ਜਦੋਂ ਜੀਵਾਂ ਦਾ ਜ਼ਿੰਦਗੀ ਦਾ ਮਨੋਰਥ 'ਕੂੜੁ' ਠੱਗੀ ਆਦਿਕ ਹੋਵੇ ਤਦੋਂ ਸੁਤੇ ਹੀ 'ਤ੍ਰਿਸ਼ਨਾ' ਰੂਪ ਅੱਗ ਉਹਨਾਂ ਦੀ ਸਵਾਰੀ ਹੁੰਦੀ ਹੈ। ਕੂੜ ਠੱਗੀ ਤੋਂ ਵਿਕੇ ਹੋਏ ਮਨੁੱਖਾਂ ਦੇ ਅੰਦਰ ਤ੍ਰਿਸ਼ਨਾ ਅੱਗ ਭੜਕਦੀ ਰਹਿੰਦੀ ਹੈ) ॥੧॥
21242	470	ਮਃ ੧॥		Ma 1 ||	First Mehl:	
21243	470	ਸਾਮ ਕਹੈ ਸੇਤੰਬਰੁ ਸੁਆਮੀ ਸਚ ਮਹਿ ਆਛੈ ਸਾਚਿ ਰਹੇ॥	ਸਾਮ ਵੇਦ। (ਸੇਤੰਬਰੁ) ਹੰਸ ਅਵਤਾਰ। (ਆਛੈ) ਸਥਿਤ ਰਹਿਣਾ	Saam Kehai Saethanbar Suaamee Sach Mehi Aashhai Saach Rehae ||	The Sama Veda says that the Lord Master is robed in white; in the Age of Truth,	ਸਾਮ ਵੇਦ ਆਖਦਾ ਹੈ ਕਿ (ਭਾਵ, ਸਤਜੁਗ ਵਿਚ) ਜਗਤ ਦੇ ਮਾਲਕ (ਸੁਆਮੀ) ਦਾ ਨਾਮ 'ਸੇਤੰਬਰੁ' (ਪਰਸਿੱਧ) ਹੈ (ਭਾਵ, ਤਦੋਂ ਰੱਬ ਨੂੰ 'ਸੇਤੰਬਰ' ਮੰਨ ਕੇ ਪੂਜਾ ਹੋ ਰਹੀ ਸੀ), ਜੋ ਸਦਾ 'ਸੱਚ' ਵਿਚ ਟਿਕਿਆ ਰਹਿੰਦਾ ਹੈ;
21244	470	ਸਭੁ ਕੋ ਸਚਿ ਸਮਾਵੈ॥		Sabh Ko Sach Samaavai ||	Everyone desired Truth, abided in Truth, and was merged in the Truth.	ਤਦੋਂ ਹਰੇਕ ਜੀਵ 'ਸੱਚ' ਵਿਚ ਲੀਨ ਹੁੰਦਾ ਹੈ ('ਸਤਜੁਗਿ ਰਥੁ ਸੰਤੋਖ ਕਾ ਧਰਮੁ ਅਗੈ ਰਥਵਾਹੁ'); (ਜਦੋਂ ਆਮ ਤੌਰ ਤੇ ਹਰੇਕ ਜੀਵ 'ਸੱਚ' ਵਿਚ, 'ਧਰਮੁ' ਵਿਚ ਦ੍ਰਿੜ੍ਹ ਸੀ, ਤਦੋਂ ਸਤਜੁਗ ਵਰਤ ਰਿਹਾ ਸੀ)।

21245	470	ਰਿਗੁ ਕਹੈ ਰਹਿਆ ਭਰਪੂਰਿ॥	ਰਿਗ:ਪੋਲਾ ਬੋਲੋ	Rig Kehai Rehiaa Bharapoor ||	The Rig Veda says that God is permeating and pervading everywhere;	ਰਿਗਵੇਦ ਆਖਦਾ ਹੈ ਕਿ (ਭਾਵ, ਤ੍ਰੇਤੇ ਜੁਗ ਵਿਚ) (ਸ੍ਰੀ) ਰਾਮ (ਜੀ) ਦਾ ਨਾਮ ਹੀ ਸਾਰੇ ਸਭ ਥਾਈਂ ਵਿਆਪਕ ਹੈ,
21246	470	ਰਾਮ ਨਾਮੁ ਦੇਵਾ ਮਹਿ ਸੂਰੁ॥	(ਸੂਰੁ) ਸੂਰਜ।	Raam Naam Dhaevaa Mehi Soor ||	Among the deities, the Lord's Name is the most exalted.	(ਸ੍ਰੀ) ਰਾਮ (ਜੀ) ਦਾ ਨਾਮ ਦੇਵਤਿਆਂ ਵਿਚ ਸੂਰਜ ਵਾਂਗ ਚਮਕਦਾ ਹੈ।
21247	470	ਨਾਇ ਲਇਐ ਪਰਾਛਤ ਜਾਹਿ॥	(ਪਰਾਛਤ) ਪਾਪ	Naae Laeiai Paraashhath Jaahi ||	Chanting the Name, sins depart;	(ਸ੍ਰੀ ਰਾਮ ਜੀ) ਦਾ ਨਾਮ ਲਿਆਂ (ਹੀ) ਪਾਪ ਦੂਰ ਹੋ ਜਾਂਦੇ ਹਨ,
21248	470	ਨਾਨਕ ਤਉ ਮੋਖੰਤਰੁ ਪਾਹਿ॥	(ਮੋਖੰਤਰੁ) ਮੁਕਤੀ	Naanak Tho Mokhanthar Paahi ||	O Nanak, then, one obtains salvation.	ਹੇ ਨਾਨਕ! (ਰਿਗਵੇਦ ਆਖਦਾ ਹੈ ਕਿ ਜੀਵ) ਤਦੋਂ ਮੁਕਤੀ ਪ੍ਰਾਪਤ ਕਰ ਲੈਂਦੇ ਹਨ।
21249	470	ਜੁਜ ਮਹਿ ਜੋਰਿ ਛਲੀ ਚੰਦ੍ਰਾਵਲਿ ਕਾਨ੍ ਕ੍ਰਿਸਨੁ ਜਾਦਮੁ ਭਇਆ॥	(ਜੁਜ) ਯਜੁਰ ਵੇਦ।ਜੁਜ: ਪੋਲਾ ਬੋਲੋ।(ਚੰਦ੍ਰਾਵਲਿ) ਗੋਪੀ। (ਜਾਦਮੁ) ਯਾਦਵ। ਭ-ਇਆ	Juj Mehi Jor Shhalee Chandhraaval Kaanh Kirasan Jaadham Bhaeiaa ||	In the Jujar Veda, Kaan Krishna of the Yaadva tribe seduced Chandraavali by force.	ਯਜੁਰ ਵੇਦ (ਵਿਚ ਭਾਵ, ਦੁਆਪਰ ਵਿਚ) ਜਗਤ ਦੇ ਮਾਲਕ ਦਾ ਨਾਮ ਸਾਂਵਲ 'ਜਾਦਮੁ' ਕ੍ਰਿਸ਼ਨ ਪਰਸਿੱਧ ਹੋ ਗਿਆ, ਜਿਸ ਨੇ ਜ਼ੋਰ ਨਾਲ ਚੰਦ੍ਰਾਵਲੀ ਨੂੰ ਛਲ ਲਿਆਂਦਾ,
21250	470	ਪਾਰਜਾਤੁ ਗੋਪੀ ਲੈ ਆਇਆ ਬਿੰਦ੍ਰਾਬਨ ਮਹਿ ਰੰਗੁ ਕੀਆ॥	ਸ੍ਰੀ ਕ੍ਰਿਸ਼ਨ ਜੀ ਸਤਿਭਾਮਾ ਗੋਪੀ ਲਈ (ਪਾਰਜਾਤੁ) ਕਲਪ ਬ੍ਰਿਛ ਲਿਆਏ। (ਰੰਗੁ) ਕੌਤਕ	Paarajaath Gopee Lai Aaeiaa Bindhraaban Mehi Rang Keeaa ||	He brought the Elysian Tree for his milk-maid, and revelled in Brindaaban.	ਜਿਸ ਨੇ ਆਪਣੀ ਗੋਪੀ (ਸਤਜਭਾਮਾ) ਦੀ ਖ਼ਾਤਰ ਪਾਰਜਾਤ ਰੁੱਖ (ਇੰਦਰ ਦੇ ਬਾਗ਼ ਵਿਚੋਂ) ਲੈ ਆਂਦਾ ਅਤੇ ਜਿਸ ਨੇ ਬਿੰਦ੍ਰਾਬਨ ਵਿਚ ਕੌਤਕ ਵਰਤਾਇਆ।

21251	470	ਕਲਿ ਮਹਿ ਬੇਦੁ ਅਥਰਬਣੁ ਹੂਆ ਨਾਉ ਖੁਦਾਈ ਅਲਹੁ ਭਇਆ॥	ਅ-ਥਰਬਣੁ ਅੱਲਹੁ	Kal Mehi Baedh Athharaban Hooaa Naao Khudhaaee Alahu Bhaeiaa ||	In the Dark Age of Kali Yuga, the Atharva Veda became prominent; Allah became the Name of God.	ਕਲਜੁਗ ਵਿਚ ਅਥਰਬਣ ਵੇਦ ਪਰਧਾਨ ਹੋ ਗਿਆ ਹੈ, ਜਗਤ ਦੇ ਮਾਲਕ ਦਾ ਨਾਮ 'ਖੁਦਾਇ' ਤੇ 'ਅਲਹੁ' ਵੱਜਣ ਲੱਗ ਪਿਆ ਹੈ;
21252	470	ਨੀਲ ਬਸਤ੍ਰ ਲੇ ਕਪੜੇ ਪਹਿਰੇ ਤੁਰਕ ਪਠਾਣੀ ਅਮਲੁ ਕੀਆ॥	(ਅਮਲੁ) ਹੁਕਮ, ਰਾਜ।ਅਮਲੁ:ਪੋਲਾ ਬੋਲੋ	Neel Basathr Lae Kaparrae Pehirae Thurak Pathaanee Amal Keeaa ||	Men began to wear blue robes and garments; Turks and Pat'haans assumed power.	ਤੁਰਕਾਂ ਤੇ ਪਠਾਣਾਂ ਦਾ ਰਾਜ ਹੋ ਗਿਆ ਹੈ ਜਿਨ੍ਹਾਂ ਨੇ ਨੀਲੇ ਰੰਗ ਦਾ ਬਸਤਰ ਲੈ ਕੇ ਉਹਨਾਂ ਨੇ ਕੱਪੜੇ ਪਾਏ ਹੋਏ ਸਨ।
21253	470	ਚਾਰੇ ਵੇਦ ਹੋਏ ਸਚਿਆਰ॥		Chaarae Vaedh Hoeae Sachiaar ||	The four Vedas each claim to be true.	ਚਾਰੇ ਵੇਦ ਸੱਚੇ ਹੋ ਗਏ ਹਨ (ਭਾਵ, ਚੌਹਾਂ ਹੀ ਜੁਗਾਂ ਵਿਚ ਜਗਤ ਦੇ ਮਾਲਕ ਦਾ ਨਾਮ ਵਖੋ-ਵਖਰਾ ਵੱਜਦਾ ਰਿਹਾ ਹੈ, ਹਰੇਕ ਸਮੇ ਇਹੀ ਖ਼ਿਆਲ ਬਣਿਆ ਰਿਹਾ ਹੈ ਕਿ ਜੋ ਜੋ ਮਨੁੱਖ 'ਸੇਤੰਬਰ', 'ਰਾਮ', 'ਕ੍ਰਿਸ਼ਨ' ਤੇ 'ਅਲਹੁ' ਆਖ ਆਖ ਕੇ ਜਪੇਗਾ, ਉਹੀ ਮੁਕਤੀ ਪਾਏਗਾ);

21254	470	ਪੜਹਿ ਗੁਣਹਿ ਤਿਨ੍ ਚਾਰ ਵੀਚਾਰ॥		Parrehi Gunehi Thinh Chaar Veechaar ||	Reading and studying them, four doctrines are found.	ਅਤੇ ਜੋ ਜੋ ਮਨੁੱਖ ਇਹਨਾਂ ਵੇਦਾਂ ਨੂੰ ਪੜ੍ਹਦੇ ਵਿਚਾਰਦੇ ਹਨ, (ਭਾਵ, ਆਪੋ ਆਪਣੇ ਸਮੇ ਵਿਚ ਜੋ ਜੋ ਮਨੁੱਖ ਇਸ ਉਪਰੋਕਤ ਯਕੀਨ ਨਾਲ ਆਪਣੇ ਧਰਮ-ਪੁਸਤਕ ਪੜ੍ਹਦੇ ਤੇ ਵਿਚਾਰਦੇ ਰਹੇ ਹਨ) ਉਹ ਹੋਏ ਭੀ ਚੰਗੀਆਂ ਯੁਕਤੀਆਂ (ਚਾਰ=ਸੁੰਦਰ; ਵੀਚਾਰ=ਦਲੀਲ, ਯੁਕਤੀ) ਵਾਲੇ ਹਨ।
21255	470	ਭਾਉ ਭਗਤਿ ਕਰਿ ਨੀਚੁ ਸਦਾਏ॥		Bhaao Bhagath Kar Neech Sadhaaeae ||	With loving devotional worship, abiding in humility,	(ਪਰ) ਹੇ ਨਾਨਕ! ਜਦੋਂ ਮਨੁੱਖ ਪ੍ਰੇਮ-ਭਗਤੀ ਕਰ ਕੇ ਆਪਣੇ ਆਪ ਨੂੰ ਨੀਵਾਂ ਅਖਵਾਂਦਾ ਹੈ (ਭਾਵ, ਅਹੰਕਾਰ ਤੋਂ ਬਚਿਆ ਰਹਿੰਦਾ ਹੈ)
21256	470	ਤਉ ਨਾਨਕ ਮੋਖੰਤਰੁ ਪਾਏ॥੨॥		Tho Naanak Mokhanthar Paaeae ||2||	O Nanak, salvation is attained. ||2||	ਤਦੋਂ ਉਹ ਮੁਕਤੀ ਪ੍ਰਾਪਤ ਕਰਦਾ ਹੈ ॥੨॥
21257	470	ਪਉੜੀ॥		Pourree ||	Pauree:	
21258	470	ਸਤਿਗੁਰ ਵਿਟਹੁ ਵਾਰਿਆ ਜਿਤੁ ਮਿਲਿਐ ਖਸਮੁ ਸਮਾਲਿਆ॥		Sathigur Vittahu Vaariaa Jith Miliai Khasam Samaaliaa ||	I am a sacrifice to the True Guru; meeting Him, I have come to cherish the Lord Master.	ਮੈਂ ਆਪਣੇ ਸਤਿਗੁਰੂ ਤੋਂ ਸਦਕੇ ਹਾਂ, ਜਿਸ ਨੂੰ ਮਿਲਣ ਕਰ ਕੇ ਮੈਂ ਮਾਲਕ ਨੂੰ ਯਾਦ ਕਰਦਾ ਹਾਂ,

21259	470	ਜਿਨਿ ਕਰਿ ਉਪਦੇਸੁ ਗਿਆਨ ਅੰਜਨੁ ਦੀਆ ਇਨੀ ਨੇਤ੍ਰੀ ਜਗਤੁ ਨਿਹਾਲਿਆ॥	ਜੱਗਤੁ। ਨੇਤ੍ਰੀਂ	Jin Kar Oupadhaes Giaan Anjan Dheeaa Einhee Naethree Jagath Nihaaliaa ||	He has taught me and given me the healing ointment of spiritual wisdom, and with these eyes, I behold the world.	ਅਤੇ ਜਿਸ ਨੇ ਆਪਣੀ ਸਿੱਖਿਆ ਦੇ ਕੇ (ਮਾਨੇ) ਗਿਆਨ ਦਾ ਸੁਰਮਾ ਦੇ ਦਿੱਤਾ ਹੈ, (ਜਿਸ ਦੀ ਬਰਕਤਿ ਕਰਕੇ) ਮੈਂ ਇਹਨਾਂ ਅੱਖਾਂ ਨਾਲ ਜਗਤ (ਦੀ ਅਸਲੀਅਤ) ਨੂੰ ਵੇਖ ਲਿਆ ਹੈ।
21260	470	ਖਸਮੁ ਛੋਡਿ ਦੂਜੈ ਲਗੇ ਡੁਬੇ ਸੇ ਵਣਜਾਰਿਆ॥		Khasam Shhodd Dhoojai Lagae Ddubae Sae Vanajaariaa ||	Those dealers who abandon their Lord and Master and attach themselves to another, are drowned.	(ਅਤੇ ਸਮਝ ਲਿਆ ਹੈ ਕਿ) ਜੋ ਮਨੁੱਖ ਮਾਲਕ ਨੂੰ ਵਿਸਾਰ ਕੇ ਕਿਸੇ ਹੋਰ ਵਿਚ ਚਿੱਤ ਜੋੜ ਰਹੇ ਹਨ, ਉਹ ਇਸ ਸੰਸਾਰ (ਸਾਗਰ) ਵਿਚ ਡੁੱਬ ਗਏ ਹਨ।
21261	470	ਸਤਿਗੁਰੂ ਹੈ ਬੋਹਿਥਾ ਵਿਰਲੈ ਕਿਨੈ ਵੀਚਾਰਿਆ॥		Sathiguroo Hai Bohithhaa Viralai Kinai Veechaariaa ||	The True Guru is the boat, but few are those who realize this.	(ਸੰਸਾਰ ਸਾਗਰ ਤੋਂ ਪਾਰ ਹੋਣ ਵਾਸਤੇ) ਸਤਗੁਰੂ ਜਹਾਜ਼ ਹੈ (ਪਰ) ਕਿਸੇ ਵਿਰਲੇ ਮਨੁੱਖ ਨੇ ਹੀ ਇਸ ਗੱਲ ਨੂੰ ਸਮਝਿਆ ਹੈ।
21262	470	ਕਰਿ ਕਿਰਪਾ ਪਾਰਿ ਉਤਾਰਿਆ॥੧੩॥		Kar Kirapaa Paar Outhaariaa ||13||	Granting His Grace, He carries them across. ||13||	(ਮੇਰੇ ਸਤਿਗੁਰੂ ਨੇ) ਮਿਹਰ ਕਰ ਕੇ ਮੈਨੂੰ (ਇਸ ਸੰਸਾਰ-ਸਮੁੰਦਰ ਤੋਂ) ਪਾਰ ਕਰ ਦਿੱਤਾ ਹੈ ॥੧੩॥
21263	470	ਸਲੋਕੁ ਮਃ ੧॥		Salok Ma 1 ||	Shalok, First Mehl:	

21264	470	ਸਿੰਮਲ ਰੁਖੁ ਸਰਾਇਰਾ ਅਤਿ ਦੀਰਘ ਅਤਿ ਮੁਚੁ॥	(ਸਰਾਇਰਾ) ਸਿੱਧਾ। (ਦੀਰਘ) ਲੰਮਾ। (ਮੁੱਚੁ) ਮੋਟਾ	Sinmal Rukh Saraaeiraa Ath Dheeragh Ath Much ||	The simmal tree is straight as an arrow; it is very tall, and very thick.	ਸਿੰਮਲ ਦਾ ਰੁੱਖ ਕੇਡਾ ਸਿੱਧਾ, ਲੰਮਾ ਤੇ ਮੋਟਾ ਹੁੰਦਾ ਹੈ।
21265	470	ਓਇ ਜਿ ਆਵਹਿ ਆਸ ਕਰਿ ਜਾਹਿ ਨਿਰਾਸੇ ਕਿਤੁ॥	ਕਿੱਤੁ	Oue J Aavehi Aas Kar Jaahi Niraasae Kith ||	But those birds which visit it hopefully, depart disappointed.	(ਪਰ) ਉਹ ਪੰਛੀ ਜੋ (ਫਲ ਖਾਣ ਦੀ) ਆਸ ਰੱਖ ਕੇ (ਇਸ ਉਤੇ) ਆ ਬੈਠਦੇ ਹਨ, ਉਹ ਨਿਰਾਸ ਹੋ ਕੇ ਕਿਉਂ ਜਾਂਦੇ ਹਨ?
21266	470	ਫਲ ਫਿਕੇ ਫੁਲ ਬਕਬਕੇ ਕੰਮਿ ਨ ਆਵਹਿ ਪਤ॥	ਫਿੱਕੇ ਫੁੱਲ। ਪੱਤ	Fal Fikae Ful Bakabakae Kanm N Aavehi Path ||	Its fruits are tasteless, its flowers are nauseating, and its leaves are useless.	ਇਸ ਦਾ ਕਾਰਨ ਇਹ ਹੈ ਕਿ ਰੁੱਖ ਭਾਵੇਂ ਏਡਾ ਉੱਚਾ, ਲੰਮਾ ਤੇ ਮੋਟਾ ਹੈ, ਪਰ (ਇਸ ਦੇ) ਫਲ ਫਿੱਕੇ ਹੁੰਦੇ ਹਨ, ਤੇ ਫੁੱਲ ਬੇਸੁਆਦੇ ਹਨ, ਪੱਤਰ ਭੀ ਕਿਸੇ ਕੰਮ ਨਹੀਂ ਆਉਂਦੇ।
21267	470	ਮਿਠਤੁ ਨੀਵੀ ਨਾਨਕਾ ਗੁਣ ਚੰਗਿਆਈਆ ਤਤੁ॥	ਨੀਵੀਂ। ਮਿੱਠਤੁ। ਤੱਤੁ	Mithath Neevee Naanakaa Gun Changiaaeeaa Thath ||	Sweetness and humility, O Nanak, are the essence of virtue and goodness.	ਹੇ ਨਾਨਕ! ਨੀਵੇਂ ਰਹਿਣ ਵਿਚ ਮਿਠਾਸ ਹੈ, ਗੁਣ ਹਨ, ਨੀਵਾਂ ਰਹਿਣਾ ਸਾਰੇ ਗੁਣਾਂ ਦਾ ਸਾਰ ਹੈ, ਭਾਵ, ਸਭ ਤੋਂ ਚੰਗਾ ਗੁਣ ਹੈ।
21268	470	ਸਭੁ ਕੋ ਨਿਵੈ ਆਪ ਕਉ ਪਰ ਕਉ ਨਿਵੈ ਨ ਕੋਇ॥		Sabh Ko Nivai Aap Ko Par Ko Nivai N Koe ||	Everyone bows down to himself; no one bows down to another.	(ਭਾਵੇਂ ਆਮ ਤੌਰ ਤੇ ਜਗਤ ਵਿਚ) ਹਰੇਕ ਜੀਵ ਆਪਣੇ ਸੁਆਰਥ ਲਈ ਲਿਫਦਾ ਹੈ, ਕਿਸੇ ਦੂਜੇ ਦੀ ਖ਼ਾਤਰ ਨਹੀਂ,

21269	470	ਧਰਿ ਤਾਰਾਜੂ ਤੋਲੀਐ ਨਿਵੈ ਸੁ ਗਉਰਾ ਹੋਇ॥	(ਤਾਰਾਜੂ) ਤੱਕੜੀ। (ਗਉਰਾ)ਭਾਰੀ ਨਿਮ੍ਰਤਾ ਵਾਲਾ	Dhhar Thaaraajoo Tholeeai Nivai S Gouraa Hoe ||	When something is placed on the balancing scale and weighed, the side which descends is heavier.	(ਇਹ ਭੀ ਵੇਖ ਲਵੋ ਕਿ) ਜੇ ਤੱਕੜੀ ਉਤੇ ਧਰ ਕੇ ਤੋਲਿਆ ਜਾਏ (ਭਾਵ, ਜੇ ਚੰਗੀ ਤਰ੍ਹਾਂ ਪਰਖ ਕੀਤੀ ਜਾਏ ਤਾਂ ਭੀ) ਨੀਵਾਂ ਪੱਲੜਾ ਹੀ ਭਾਰਾ ਹੁੰਦਾ ਹੈ, (ਭਾਵ ਜੋ ਲਿਫਦਾ ਹੈ ਉਹੀ ਵੱਡਾ ਗਿਣੀਦਾ ਹੈ)।
21270	470	ਅਪਰਾਧੀ ਦੂਣਾ ਨਿਵੈ ਜੋ ਹੰਤਾ ਮਿਰਗਾਹਿ॥	(ਹੰਤਾ) ਮਾਰਨ ਵਾਲਾ। (ਮਿਰਗਾਹਿ) ਹਰਨਾਂ ਨੂੰ	Aparaadhhee Dhoonaa Nivai Jo Hanthaa Miragaahi ||	The sinner, like the deer hunter, bows down twice as much.	(ਪਰ ਨਿਊਣ ਦਾ ਭਾਵ, ਮਨੋਂ ਨਿਊਣਾ ਹੈ, ਨਿਰਾ ਸਰੀਰ ਨਿਵਾਉਣਾ ਨਹੀਂ ਹੈ; ਜੇ ਸਰੀਰ ਦੇ ਨਿਵਾਉਣ ਨੂੰ ਨੀਵਾਂ ਰਹਿਣਾ ਆਖੀਦਾ ਹੋਵੇ ਤਾਂ) ਸ਼ਿਕਾਰੀ ਜੋ ਮਿਰਗ ਮਾਰਦਾ ਫਿਰਦਾ ਹੈ, ਲਿਫ ਕੇ ਦੋਹਰਾ ਹੋ ਜਾਂਦਾ ਹੈ,
21271	470	ਸੀਸਿ ਨਿਵਾਇਐ ਕਿਆ ਥੀਐ ਜਾ ਰਿਦੈ ਕੁਸੁਧੇ ਜਾਹਿ॥੧॥	ਕੁਸੁੱਧੇ	Sees Nivaaeiai Kiaa Thheeai Jaa Ridhai Kusudhhae Jaahi ||1||	But what can be achieved by bowing the head, when the heart is impure? ||1||	ਪਰ ਜੇ ਨਿਰਾ ਸਿਰ ਹੀ ਨਿਵਾ ਦਿੱਤਾ ਜਾਏ, ਤੇ ਅੰਦਰੋਂ ਜੀਵ ਖੋਟੇ ਹੀ ਰਹਿਣ ਤਾਂ ਇਸ ਨਿਊਣ ਦਾ ਕੋਈ ਲਾਭ ਨਹੀਂ ਹੋ ਸਕਦਾ ਹੈ ॥੧॥
21272	470	ਮਃ ੧॥		Ma 1 ||	First Mehl:	
21273	470	ਪੜਿ ਪੁਸਤਕ ਸੰਧਿਆ ਬਾਦੰ॥	ਪੜ੍ਹਿ। (ਸੰਧਿਆ) ਪਾਠ ਪੂਜਾ। (ਬਾਦੰ) ਚਰਚਾ।	Parr Pusathak Sandhhiaa Baadhan ||	You read your books and say your prayers, and then engage in debate;	(ਪੰਡਤ ਵੇਦ ਆਦਿਕ ਧਾਰਮਿਕ) ਪੁਸਤਕਾਂ ਪੜ੍ਹ ਕੇ ਸੰਧਿਆ ਕਰਦਾ ਹੈ ਅਤੇ (ਹੋਰਨਾਂ ਨਾਲ) ਚਰਚਾ ਛੇੜਦਾ ਹੈ,

21274	470	ਸਿਲ ਪੂਜਸਿ ਬਗੁਲ ਸਮਾਧੰ॥	(ਸਿਲ) ਪੱਥਰ। (ਬਗੁਲ) ਬਗਲਿਆਂ ਵਾਂਗ	Sil Poojas Bagul Samaadhhan ||	You worship stones and sit like a stork, pretending to be in Samaadhi.	ਮੂਰਤੀ ਪੂਜਦਾ ਹੈ ਅਤੇ ਬਗਲੇ ਵਾਂਗ ਸਮਾਧੀ ਲਾਂਦਾ ਹੈ;
21275	470	ਮੁਖਿ ਝੂਠ ਬਿਭੂਖਣ ਸਾਰੰ॥	(ਬਿਭੂਖਣ) ਗਹਣੇ। (ਸਾਰੰ) ਸ੍ਰੇਸ਼ਟ	Mukh Jhooth Bibhookhan Saaran ||	With your mouth you utter falsehood, and you adorn yourself with precious decorations;	ਮੁਖੋਂ ਝੂਠ ਬੋਲਦਾ ਹੈ; (ਪਰ ਉਸ ਝੂਠ ਨੂੰ) ਬੜੇ ਸੋਹਣੇ ਗਹਿਣਿਆਂ ਵਾਂਗ ਸੋਹਣਾ ਕਰਕੇ ਵਿਖਾਲਦਾ ਹੈ;
21276	470	ਤ੍ਰੈਪਾਲ ਤਿਹਾਲ ਬਿਚਾਰੰ॥	(ਤ੍ਰੈਪਾਲ) ਗਾਇਤ੍ਰੀ ਮੰਤ੍ਰ। (ਤ੍ਰੈਪਾਲ) ਤਿੰਨ ਵੇਲੇ	Thraipaal Thihaal Bichaaran ||	You recite the three lines of the Gayatri three times a day.	(ਹਰ ਰੋਜ਼) ਤਿੰਨ ਵੇਲੇ ਗਾਯਤ੍ਰੀ ਮੰਤਰ ਨੂੰ ਵਿਚਾਰਦਾ ਹੈ;
21277	470	ਗਲਿ ਮਾਲਾ ਤਿਲਕੁ ਲਿਲਾਟੰ॥	(ਲਿਲਾਟੰ) ਮੱਥੇ ਤੇ। ਗਲ਼ਿ	Gal Maalaa Thilak Lilaattan ||	Around your neck is a rosary, and on your forehead is a sacred mark;	ਗਲ ਵਿਚ ਮਾਲਾ ਰੱਖਦਾ ਹੈ, ਤੇ ਮੱਥੇ ਉਤੇ ਤਿਲਕ ਲਾਂਦਾ ਹੈ;
21278	470	ਦੁਇ ਧੋਤੀ ਬਸਤ੍ਰ ਕਪਾਟੰ॥	(ਕਪਾਟੰ) ਸਿਰ ਉੱਤੇ	Dhue Dhothee Basathr Kapaattan ||	Upon your head is a turban, and you wear two loin cloths.	(ਸਦਾ) ਦੋ ਧੋਤੀਆਂ ਪਾਸ ਰੱਖਦਾ ਹੈ ਤੇ (ਸੰਧਿਆ ਕਰਨ ਵੇਲੇ) ਸਿਰ ਉੱਤੇ ਇਕ ਵਸਤਰ ਧਰ ਲੈਂਦਾ ਹੈ।
21279	470	ਜੇ ਜਾਣਸਿ ਬ੍ਰਹਮੰ ਕਰਮੰ॥		Jae Jaanas Brehaman Karaman ||	If you knew the nature of God,	ਪਰ ਜੇ ਇਹ ਪੰਡਤ ਰੱਬ (ਦੀ ਸਿਫ਼ਤਿ-ਸਾਲਾਹ) ਦਾ ਕੰਮ ਜਾਣਦਾ ਹੋਵੇ,
21280	470	ਸਭਿ ਫੋਕਟ ਨਿਸਚਉ ਕਰਮੰ॥	(ਨਿਸਚਉ) ਯਕੀਨਨ	Sabh Fokatt Nisacho Karaman ||	You would know that all of these beliefs and rituals are in vain.	ਤਦ ਨਿਸਚਾ ਕਰ ਕੇ ਜਾਣ ਲਵੇ ਕਿ, ਇਹ ਸਭ ਕੰਮ ਫੋਕੇ ਹਨ।

21281	470	ਕਹੁ ਨਾਨਕ ਨਿਹਚਉ ਧਿਆਵੈ॥	(ਨਿਹਚਉ) ਸ਼ਰਧਾ ਸਹਿਤ	Kahu Naanak Nihacho Dhhiaavai ||	Says Nanak, meditate with deep faith;	ਆਖ, ਹੇ ਨਾਨਕ! (ਮਨੁੱਖ) ਸਰਧਾ ਧਾਰ ਕੇ ਰੱਬ ਨੂੰ ਸਿਮਰੇ- ਕੇਵਲ ਇਹੋ ਰਸਤਾ ਗੁਣਕਾਰੀ ਹੈ,
21282	470	ਵਿਣੁ ਸਤਿਗੁਰ ਵਾਟ ਨ ਪਾਵੈ॥੨॥	(ਵਾਟ) ਰਸਤਾ	Vin Sathigur Vaatt N Paavai ||2||	Without the True Guru, no one finds the Way. ||2||	(ਪਰ) ਇਹ ਰਸਤਾ ਸਤਿਗੁਰੂ ਤੋਂ ਬਿਨਾ ਨਹੀਂ ਲੱਭਦਾ ॥੨॥
21283	470	ਪਉੜੀ॥		Pourree ||	Pauree:	
21284	470	ਕਪੜੁ ਰੂਪੁ ਸੁਹਾਵਣਾ ਛਡਿ ਦੁਨੀਆ ਅੰਦਰਿ ਜਾਵਣਾ॥		Kaparr Roop Suhaavanaa Shhadd Dhuneeaa Andhar Jaavanaa ||	Abandoning the world of beauty, and beautiful clothes, one must depart.	ਇਹ ਸੋਹਣਾ ਸਰੀਰ ਤੇ ਸੋਹਣਾ ਰੂਪ (ਇਸੇ ਜਗਤ ਵਿਚ) (ਜੀਵਾਂ ਨੇ) ਛੱਡ ਕੇ ਤੁਰ ਜਾਣਾ ਹੈ।
21285	470	ਮੰਦਾ ਚੰਗਾ ਆਪਣਾ ਆਪੇ ਹੀ ਕੀਤਾ ਪਾਵਣਾ॥		Mandhaa Changaa Aapanaa Aapae Hee Keethaa Paavanaa ||	He obtains the rewards of his good and bad deeds.	(ਹਰੇਕ ਜੀਵ ਨੇ) ਆਪੋ ਆਪਣੇ ਕੀਤੇ ਹੋਏ ਚੰਗੇ ਤੇ ਮੰਦੇ ਕਰਮਾਂ ਦਾ ਫਲ ਆਪ ਭੋਗਣਾ ਹੈ।
21286	470	ਹੁਕਮ ਕੀਏ ਮਨਿ ਭਾਵਦੇ ਰਾਹਿ ਭੀੜੈ ਅਗੈ ਜਾਵਣਾ॥		Hukam Keeeae Man Bhaavadhae Raahi Bheerrai Agai Jaavanaa ||	He may issue whatever commands he wishes, but he shall have to take to the narrow path hereafter.	ਜਿਸ ਮਨੁੱਖ ਨੇ ਮਨ-ਮੰਨੀਆਂ ਹਕੂਮਤਾਂ ਕੀਤੀਆਂ ਹਨ, ਉਸ ਨੂੰ ਅਗਾਂਹ ਔਖੀਆਂ ਘਾਟੀਆਂ ਵਿਚੋਂ ਦੀ ਲੰਘਣਾ ਪਵੇਗਾ (ਭਾਵ, ਆਪਣੀਆਂ ਕੀਤੀਆਂ ਹੋਈਆਂ ਵਧੀਕੀਆਂ ਦੇ ਵੱਟੇ ਕਸ਼ਟ ਸਹਿਣੇ ਪੈਣਗੇ)।

21287	471	ਨੰਗਾ ਦੋਜਕਿ ਚਾਲਿਆ ਤਾ ਦਿਸੈ ਖਰਾ ਡਰਾਵਣਾ॥	(ਦੋਜਕਿ) ਨਰਕ ਨੂੰ	Nangaa Dhojak Chaaliaa Thaa Dhisai Kharaa Ddaraavanaa ||	He goes to hell naked, and he looks hideous then.	(ਇਹੋ ਜਿਹਾ ਜੀਵ) ਨੰਗਾ (ਕੀਤਾ ਜਾਂਦਾ ਹੈ, ਭਾਵ, ਉਸ ਦੇ ਕੀਤੇ ਹੋਏ ਪਾਪ ਕਰਮਾਂ ਦਾ ਨਕਸ਼ਾ ਉਸਦੇ ਸਾਮ੍ਹਣੇ ਰੱਖਿਆ ਜਾਂਦਾ ਹੈ) ਦੋਜ਼ਕ ਵਿਚ ਧਕਿਆ ਜਾਂਦਾ ਹੈ, ਅਤੇ ਉਸ ਵੇਲੇ (ਉਸ ਨੂੰ ਆਪਣੇ ਆਪ ਨੂੰ) ਬੜਾ ਡਰਾਉਣਾ ਰੂਪ ਦਿਸਦਾ ਹੈ।
21288	471	ਕਰਿ ਅਉਗਣ ਪਛੋਤਾਵਣਾ॥੧੪॥		Kar Aougan Pashhothaavanaa ||14||	He regrets the sins he committed. ||14||	ਭੈੜੇ ਕੰਮ ਕਰਕੇ ਅੰਤ ਪਛਤਾਉਣਾ ਹੀ ਪੈਂਦਾ ਹੈ ॥੧੪॥
21289	471	ਸਲੋਕੁ ਮਃ ੧॥		Salok Ma 1 ||	Shalok, First Mehl:	
21290	471	ਦਇਆ ਕਪਾਹ ਸੰਤੋਖੁ ਸੂਤੁ ਜਤੁ ਗੰਢੀ ਸਤੁ ਵਟੁ॥	(ਗੰਢੀ) ਗੰਢਾਂ। ਦ-ਇਆ। ਜਤੁ: ਪੋਲਾ ਬੋਲੋ। ਸੱਤੁ	Dhaeiaa Kapaah Santhokh Sooth Jath Gandtee Sath Vatt ||	Make compassion the cotton, contentment the thread, modesty the knot and truth the twist.	ਹੇ ਪੰਡਤ! ਉਹ ਜਨੇਊ ਜਿਸ ਦੀ ਕਪਾਹ ਦਇਆ ਹੋਵੇ, ਜਿਸ ਦਾ ਸੂਤ ਸੰਤੋਖ ਹੋਵੇ, ਜਿਸ ਦੀਆਂ ਗੰਢਾਂ ਜਤ ਹੋਣ, ਅਤੇ ਜਿਸ ਦਾ ਵੱਟ ਉੱਚਾ ਆਚਰਨ ਹੋਵੇ,
21291	471	ਏਹੁ ਜਨੇਊ ਜੀਅ ਕਾ ਹਈ ਤ ਪਾਡੇ ਘਤੁ॥	(ਘਤੁ) ਪਾ। ਪਾਂਡੇ	Eaehu Janaeoo Jeea Kaa Hee Th Paaddae Ghath ||	This is the sacred thread of the soul; if you have it, then go ahead and put it on me.	ਜੇ (ਤੇਰੇ ਪਾਸ) ਇਹ ਆਤਮਾ ਦੇ ਕੰਮ ਆਉਣ ਵਾਲਾ ਜਨੇਊ ਹੈ ਤਾਂ (ਮੇਰੇ ਗਲ) ਪਾ ਦੇਹ।
21292	471	ਨਾ ਏਹੁ ਤੁਟੈ ਨਾ ਮਲੁ ਲਗੈ ਨਾ ਏਹੁ ਜਲੈ ਨ ਜਾਇ॥		Naa Eaehu Thuttai Naa Mal Lagai Naa Eaehu Jalai N Jaae ||	It does not break, it cannot be soiled by filth, it cannot be burnt, or lost.	(ਹੇ ਪੰਡਿਤ)! ਇਹੋ ਜਿਹਾ ਜਨੇਊ ਨਾ ਟੁੱਟਦਾ ਹੈ, ਨਾ ਹੀ ਇਸ ਨੂੰ ਮੈਲ ਲੱਗਦੀ ਹੈ, ਨਾ ਇਹ ਸੜਦਾ ਹੈ ਅਤੇ ਨਾ ਹੀ ਇਹ ਗੁਆਚਦਾ ਹੈ।

21293	471	ਧੰਨੁ ਸੁ ਮਾਣਸ ਨਾਨਕਾ ਜੋ ਗਲਿ ਚਲੇ ਪਾਇ॥	ਗਲ਼ਿ ਚੱਲੇ	Dhhann S Maanas Naanakaa Jo Gal Chalae Paae ||	Blessed are those mortal beings, O Nanak, who wear such a thread around their necks.	ਹੇ ਨਾਨਕ! ਉਹ ਮਨੁੱਖ ਭਾਗਾਂ ਵਾਲੇ ਹਨ, ਜਿਨ੍ਹਾਂ ਨੇ ਇਹ ਜਨੇਊ ਆਪਣੇ ਗਲੇ ਵਿਚ ਪਾ ਲਿਆ ਹੈ।
21294	471	ਚਉਕੜਿ ਮੁਲਿ ਅਣਾਇਆ ਬਹਿ ਚਉਕੈ ਪਾਇਆ॥	(ਚਉਕੜਿ) ਚਾਰ ਕੌਡੀਆਂ ਦਾ।ਮੁੱਲਿ। (ਅਣਾਇਆ) ਮੰਗਵਾਇਆ। (ਚਉਕੈ) ਕਸਕੇ	Choukarr Mul Anaaeiaa Behi Choukai Paaeiaa ||	You buy the thread for a few shells, and seated in your enclosure, you put it on.	(ਹੇ ਪੰਡਤ! ਇਹ ਜਨੇਊ ਜੋ ਤੂੰ ਪਾਂਦਾ ਫਿਰਦਾ ਹੈਂ, ਇਹ ਤਾਂ ਤੂੰ) ਚਾਰ ਕੌਡਾਂ ਮੁੱਲ ਦੇ ਕੇ ਮੰਗਵਾ ਲਿਆ, (ਆਪਣੇ ਜਜਮਾਨ ਦੇ) ਚੌਕੇ ਵਿਚ ਬੈਠ ਕੇ (ਉਸ ਦੇ ਗਲ) ਪਾ ਦਿੱਤਾ,
21295	471	ਸਿਖਾ ਕੰਨਿ ਚੜਾਈਆ ਗੁਰੁ ਬ੍ਰਾਹਮਣੁ ਥਿਆ॥	(ਸਿੱਖਾ)ਸਿੱਖਿਆ	Sikhaa Kann Charraaeeaa Gur Braahaman Thhiaa ||	Whispering instructions into others' ears, the Brahmin becomes a guru.	(ਫੇਰ ਤੂੰ ਉਸ ਦੇ) ਕੰਨ ਵਿਚ ਉਪਦੇਸ਼ ਦਿੱਤਾ (ਕਿ ਅੱਜ ਤੋਂ ਤੇਰਾ) ਗੁਰੂ ਬ੍ਰਾਹਮਣ ਹੋ ਗਿਆ।
21296	471	ਓਹੁ ਮੁਆ ਓਹੁ ਝੜਿ ਪਇਆ ਵੇਤਗਾ ਗਇਆ॥੧॥	(ਵੇਤੱਗਾ) ਜਨੇਊ ਰਹਿਤ। ਪ-ਇਆ	Ouhu Muaa Ouhu Jharr Paeiaa Vaethagaa Gaeiaa ||1||	But he dies, and the sacred thread falls away, and the soul departs without it. ||1||	(ਸਮਾ ਪੁੱਗਣ ਤੇ ਜਦੋਂ) ਉਹ (ਜਜਮਾਨ) ਮਰ ਗਿਆ (ਤਾਂ) ਉਹ (ਜਨੇਊ ਉਸ ਦੇ ਸਰੀਰ ਤੋਂ) ਢਹਿ ਪਿਆ (ਭਾਵ ਸੜ ਗਿਆ ਜਾਂ ਡਿੱਗ ਪਿਆ, ਪਰ ਆਤਮਾ ਦੇ ਨਾਲ ਨਾ ਨਿਭਿਆ, ਇਸ ਵਾਸਤੇ ਉਹ ਜਜਮਾਨ ਵਿਚਾਰਾ) ਜਨੇਊ ਤੋਂ ਬਿਨਾ ਹੀ (ਸੰਸਾਰ ਤੋਂ) ਗਿਆ ॥੧॥
21297	471	ਮਃ ੧॥		Ma 1 ||	First Mehl:	

21298	471	ਲਖ ਚੋਰੀਆ ਲਖ ਜਾਰੀਆ ਲਖ ਕੂੜੀਆ ਲਖ ਗਾਲਿ॥	ਲੱਖ	Lakh Choreeaa Lakh Jaareeaa Lakh Koorreeaa Lakh Gaal ||	He commits thousands of robberies, thousands of acts of adultery, thousands of falsehoods and thousands of abuses.	(ਮਨੁੱਖ) ਲੱਖਾਂ ਚੋਰੀਆਂ ਤੇ ਜਾਰੀਆਂ (ਯਾਰੀਆਂ ਪਰ-ਇਸਤ੍ਰੀ ਗਮਨ) ਕਰਦਾ ਹੈ; ਲੱਖਾਂ ਝੂਠ ਬੋਲਦਾ ਹੈ ਤੇ ਗਾਲ੍ਹੀਆਂ ਕੱਢਦਾ ਹੈ।
21299	471	ਲਖ ਠਗੀਆ ਪਹਿਨਾਮੀਆ ਰਾਤਿ ਦਿਨਸੁ ਜੀਅ ਨਾਲਿ॥	(ਪਹਿ-ਨਾਮੀਆ)ਬੇਈਮਾਨੀਆਂ। ਲੱਖ, ਠਗੀਆਂ	Lakh Thageeaa Pehinaameeaa Raath Dhinas Jeea Naal ||	He practices thousands of deceptions and secret deeds, night and day, against his fellow beings.	ਦਿਨ ਰਾਤ ਲੋਕਾਂ ਤੋਂ ਚੋਰੀ ਚੋਰੀ ਲੱਖਾਂ ਠੱਗੀਆਂ ਤੇ ਪਹਿਨਾਮੀਆਂ (ਅਮਾਨਤ ਵਿੱਚ ਖ਼ਿਆਨਤ) ਕਰਦਾ ਹੈ।
21300	471	ਤਗੁ ਕਪਾਹਹੁ ਕਤੀਐ ਬਾਮ੍ਹਣੁ ਵਟੇ ਆਇ॥	(ਤੱਗੁ) ਤਾਗਾ। ਕਪਾਹ-ਹੁ	Thag Kapaahahu Katheeai Baamhan Vattae Aae ||	The thread is spun from cotton, and the Brahmin comes and twists it.	(ਇਹ ਤਾਂ ਹੈ ਮਨੁੱਖ ਦੇ ਅੰਤਰ-ਆਤਮੇ ਦਾ ਹਾਲ ਪਰ ਬਾਹਰ ਤੱਕੋ, ਲੋਕਾ-ਚਾਰੀ ਕੀਹ ਕੁਝ ਹੋ ਰਿਹਾ ਹੈ) ਕਪਾਹ ਤੋਂ (ਭਾਵ, ਕਪਾਹ ਲਿਆ ਕੇ) ਧਾਗਾ ਕੱਤਿਆ ਜਾਂਦਾ ਹੈ ਅਤੇ ਬ੍ਰਾਹਮਣ (ਜਜਮਾਨ ਦੇ ਘਰ) ਆ ਕੇ (ਉਸ ਧਾਗੇ ਨੂੰ) ਵੱਟ ਦੇਂਦਾ ਹੈ।
21301	471	ਕੁਹਿ ਬਕਰਾ ਰਿੰਨ੍ਹਿ ਖਾਇਆ ਸਭੁ ਕੋ ਆਖੈ ਪਾਇ॥	(ਕੁਹਿ) ਮਾਰ ਕੇ,ਛੁਰੀ ਨਾਲ ਚੀਰ ਕੇ, ਬੇਰਹਿਮੀ ਨਾਲ	Kuhi Bakaraa Rinnih Khaaeiaa Sabh Ko Aakhai Paae ||	The goat is killed, cooked and eaten, and everyone then says, ""Put on the sacred thread.""	(ਘਰ ਆਏ ਹੋਏ ਸਾਰੇ ਅੰਗ-ਸਾਕਾਂ ਨੂੰ) ਬੱਕਰਾ ਮਾਰ ਕੇ ਤੇ ਰਿੰਨ੍ਹ ਕੇ ਖੁਆਇਆ ਜਾਂਦਾ ਹੈ; (ਘਰ ਦਾ) ਹਰੇਕ ਪ੍ਰਾਣੀ ਆਖਦਾ ਹੈ 'ਜਨੇਊ ਪਾਇਆ ਗਿਆ ਹੈ; ਜਨੇਊ ਪਾਇਆ ਗਿਆ ਹੈ'।

21302	471	ਹੋਇ ਪੁਰਾਣਾ ਸੁਟੀਐ ਭੀ ਫਿਰਿ ਪਾਈਐ ਹੋਰੁ॥		Hoe Puraanaa Sutteeai Bhee Fir Paaeeai Hor ||	When it wears out, it is thrown away, and another one is put on.	ਜਦੋਂ ਇਹ ਜਨੇਊ ਪੁਰਾਣਾ ਹੋ ਜਾਂਦਾ ਹੈ ਤਾਂ ਸੁੱਟ ਦਿੱਤਾ ਜਾਂਦਾ ਹੈ ਅਤੇ ਇਸ ਦੇ ਥਾਂ ਹੋਰ ਜਨੇਊ ਪਾ ਲਿਆ ਜਾਂਦਾ ਹੈ।
21303	471	ਨਾਨਕ ਤਗੁ ਨ ਤੁਟਈ ਜੇ ਤਗਿ ਹੋਵੈ ਜੋਰੁ॥੨॥	ਤੁੱਟਈ	Naanak Thag N Thuttee Jae Thag Hovai Jor ||2||	O Nanak, the thread would not break, if it had any real strength. ||2||	ਹੇ ਨਾਨਕ! ਜੇ ਧਾਗੇ ਵਿਚ ਜ਼ੋਰ ਹੋਵੇ (ਭਾਵ, ਜੇ ਆਤਮਾ ਦੇ ਕੰਮ ਆਉਣ ਵਾਲਾ ਆਤਮਾ ਨੂੰ ਬਲ ਦੇਣ ਵਾਲਾ ਕੋਈ ਜਨੇਊ ਹੋਵੇ) ਤਾਂ ਉਹ ਧਾਗਾ ਨਹੀਂ ਟੁੱਟਦਾ ॥੨॥
21304	471	ਮਃ ੧॥		Ma 1 ||	First Mehl:	
21305	471	ਨਾਇ ਮੰਨਿਐ ਪਤਿ ਊਪਜੈ ਸਾਲਾਹੀ ਸਚੁ ਸੂਤੁ॥		Naae Manniai Path Oopajai Saalaahee Sach Sooth ||	Believing in the Name, honor is obtained. The Lord's Praise is the true sacred thread.	(ਕਪਾਹ ਤੋਂ ਕੱਤੇ ਹੋਏ ਸੂਤਰ ਦਾ ਜਨੇਊ ਪਾ ਕੇ ਰੱਬ ਦੇ ਦਰ ਤੇ ਸੁਰਖ਼ਰੂ ਹੋਣ ਦੀ ਆਸ ਰੱਖਣੀ ਵਿਅਰਥ ਹੈ, ਰੱਬ ਦੀ ਦਰਗਾਹ ਵਿਚ ਤਦੋਂ ਹੀ) ਆਦਰ ਮਿਲਦਾ ਹੈ ਜੇ ਰੱਬ ਦਾ ਨਾਮ ਹਿਰਦੇ ਵਿਚ ਦ੍ਰਿੜ੍ਹ ਕਰ ਲਈਏ, (ਕਿਉਂਕਿ) ਰੱਬ ਦੀ ਸਿਫ਼ਤਿ-ਸਾਲਾਹ ਹੀ ਸੁੱਚਾ ਜਨੇਊ ਹੈ;
21306	471	ਦਰਗਹ ਅੰਦਰਿ ਪਾਈਐ ਤਗੁ ਨ ਤੂਟਸਿ ਪੂਤ॥੩॥	(ਪੂਤ) ਪਵਿੱਤ੍ਰ। ਤੱਗੁ	Dharageh Andhar Paaeeai Thag N Thoottas Pooth ||3||	Such a sacred thread is worn in the Court of the Lord; it shall never break. ||3||	(ਇਹ ਸੁੱਚਾ ਜਨੇਊ ਧਾਰਨ ਕੀਤਿਆਂ) ਦਰਗਾਹ ਵਿਚ ਮਾਣ ਮਿਲਦਾ ਹੈ ਅਤੇ ਇਹ (ਕਦੇ) ਟੁੱਟਦਾ ਭੀ ਨਹੀਂ ॥੩॥
21307	471	ਮਃ ੧॥		Ma 1 ||	First Mehl:	

21308	471	ਤਗੁ ਨ ਇੰਦ੍ਰੀ ਤਗੁ ਨ ਨਾਰੀ॥		Thag N Eindhree Thag N Naaree ||	There is no sacred thread for the sexual organ, and no thread for woman.	(ਪੰਡਤ ਨੇ ਆਪਣੇ) ਇੰਦਰਿਆਂ ਤੇ ਨਾੜੀਆਂ ਨੂੰ (ਇਹੋ ਜਿਹਾ) ਜਨੇਊ ਨਹੀਂ ਪਾਇਆ (ਕਿ ਉਹ ਇੰਦਰੇ ਵਿਕਾਰਾਂ ਵਲ ਨਾ ਜਾਣ; ਇਸ ਵਾਸਤੇ)
21309	471	ਭਲਕੇ ਥੁਕ ਪਵੈ ਨਿਤ ਦਾੜੀ॥	ਦਾੜ੍ਹੀ	Bhalakae Thhuk Pavai Nith Dhaarree ||	The man's beard is spat upon daily.	ਨਿਤ ਹਰ ਰੋਜ਼ ਉਸ ਦੀ ਬੇਇੱਜ਼ਤੀ ਹੁੰਦੀ ਹੈ;
21310	471	ਤਗੁ ਨ ਪੈਰੀ ਤਗੁ ਨ ਹਥੀ॥		Thag N Pairee Thag N Hathhee ||	There is no sacred thread for the feet, and no thread for the hands;	ਪੈਰਾਂ ਨੂੰ (ਅਜਿਹਾ) ਜਨੇਊ ਨਹੀਂ ਪਾਇਆ (ਕਿ ਭੈੜੇ ਪਾਸੇ ਨਾ ਲੈ ਜਾਣ), ਹੱਥਾਂ ਨੂੰ ਜਨੇਊ ਨਹੀਂ ਪਾਇਆ (ਕਿ ਉਹ ਮੰਦੇ ਕੰਮ ਨ ਕਰਨ);
21311	471	ਤਗੁ ਨ ਜਿਹਵਾ ਤਗੁ ਨ ਅਖੀ॥		Thag N Jihavaa Thag N Akhee ||	No thread for the tongue, and no thread for the eyes.	ਜੀਭ ਨੂੰ (ਕੋਈ) ਜਨੇਊ ਨਹੀਂ ਪਾਇਆ (ਕਿ ਪਰਾਈ ਨਿੰਦਾ ਕਰਨ ਤੋਂ ਹਟੀ ਰਹੇ), ਅੱਖਾਂ ਨੂੰ (ਐਸਾ) ਜਨੇਊ ਨਹੀਂ ਪਾਇਆ (ਕਿ ਪਰਾਈ ਇਸਤ੍ਰੀ ਵਲ ਨਾ ਤੱਕਣ)।
21312	471	ਵੇਤਗਾ ਆਪੇ ਵਤੈ॥	(ਵੱਤੈ) ਫਿਰਦਾ। ਵੇਤੱਗਾ	Vaethagaa Aapae Vathai ||	The Brahmin himself goes to the world hereafter without a sacred thread.	ਆਪ ਤਾਂ ਇਹੋ ਜਿਹੇ ਜਨੇਊ ਤੋਂ ਵਾਂਜਿਆ ਹੋਇਆ ਭਟਕਦਾ ਫਿਰਦਾ ਹੈ,
21313	471	ਵਟਿ ਧਾਗੇ ਅਵਰਾ ਘਤੈ॥	ਘੱਤੈ	Vatt Dhhaagae Avaraa Ghathai ||	Twisting the threads, he puts them on others.	ਪਰ (ਕਪਾਹ ਦੇ ਸੂਤ ਦੇ) ਧਾਗੇ ਵੱਟ ਵੱਟ ਕੇ ਹੋਰਨਾਂ ਨੂੰ ਪਾਂਦਾ ਹੈ।
21314	471	ਲੈ ਭਾੜਿ ਕਰੇ ਵੀਆਹੁ॥	(ਭਾੜਿ) ਭਾੜਾ, ਦੱਖਣਾ	Lai Bhaarr Karae Veeaahu ||	He takes payment for performing marriages;	ਆਪਣੇ ਹੀ ਜਜਮਾਨਾਂ ਦੀਆਂ ਧੀਆਂ ਦੇ ਵਿਆਹ ਦੱਛਣਾ ਲੈ ਲੈ ਕੇ ਕਰਦਾ ਹੈ,

21315	471	ਕਢਿ ਕਾਗਲੁ ਦਸੇ ਰਾਹੁ॥	(ਕਾਗਲੁ)ਪੱਤ੍ਰੀ। ਦੱਸੇ	Kadt Kaagal Dhasae Raahu ||	Reading their horoscopes, he shows them the way.	ਤੇ ਪੱਤ੍ਰੀ ਸੋਧ ਸੋਧ ਕੇ ਉਹਨਾਂ ਨੂੰ ਰਸਤਾ ਦੱਸਦਾ ਹੈ।
21316	471	ਸੁਣਿ ਵੇਖਹੁ ਲੋਕਾ ਏਹੁ ਵਿਡਾਣੁ॥		Sun Vaekhahu Lokaa Eaehu Viddaan ||	Hear, and see, O people, this wondrous thing.	ਹੇ ਲੋਕੋ! ਸੁਣੋ, ਵੇਖੋ, ਇਹ ਅਚਰਜ ਤਮਾਸ਼ਾ!
21317	471	ਮਨਿ ਅੰਧਾ ਨਾਉ ਸੁਜਾਣੁ॥੪॥		Man Andhhaa Naao Sujaan ||4||	He is mentally blind, and yet his name is wisdom. ||4||	(ਪੰਡਿਤ ਆਪ ਤਾਂ) ਮਨੋਂ ਅੰਨ੍ਹਾ ਹੈ (ਭਾਵ, ਅਗਿਆਨੀ ਹੈ), (ਪਰ ਆਪਣਾ) ਨਾਮ (ਰਖਵਾਇਆ ਹੋਇਆ ਹੈ) 'ਸਿਆਣਾ' ॥੪॥
21318	471	ਪਉੜੀ॥		Pourree ||	Pauree:	
21319	471	ਸਾਹਿਬੁ ਹੋਇ ਦਇਆਲੁ ਕਿਰਪਾ ਕਰੇ ਤਾ ਸਾਈ ਕਾਰ ਕਰਾਇਸੀ॥	ਸਾਂਈਂ ਜੀ ਦੀ (ਕਾਰ) ਸੇਵਾ	Saahib Hoe Dhaeiaal Kirapaa Karae Thaa Saaee Kaar Karaaeisee ||	One, upon whom the Merciful Lord bestows His Grace, performs His service.	(ਜਿਸ ਸੇਵਕ ਉੱਤੇ ਪ੍ਰਭੂ) ਮਾਲਕ ਦਇਆਲ ਹੋ ਜਾਏ, ਮਿਹਰ ਕਰੇ, ਤਾਂ ਉਸ ਪਾਸੋਂ ਉਹੀ ਕੰਮ ਕਰਾਂਦਾ ਹੈ (ਜੋ ਉਸ ਨੂੰ ਭਾਉਂਦਾ ਹੈ);
21320	471	ਸੋ ਸੇਵਕੁ ਸੇਵਾ ਕਰੇ ਜਿਸ ਨੋ ਹੁਕਮੁ ਮਨਾਇਸੀ॥		So Saevak Saevaa Karae Jis No Hukam Manaaeisee ||	That servant, whom the Lord causes to obey the Order of His Will, serves Him.	ਜਿਸ ਨੂੰ ਆਪਣੀ ਰਜ਼ਾ ਵਿਚ ਤੋਰਦਾ ਹੈ, ਉਹ ਸੇਵਕ (ਪ੍ਰਭੂ-ਪਤੀ ਦੀ) ਸੇਵਾ ਕਰਦਾ ਹੈ;

21321	471	ਹੁਕਮਿ ਮੰਨਿਐ ਹੋਵੈ ਪਰਵਾਣੁ ਤਾ ਖਸਮੈ ਕਾ ਮਹਲੁ ਪਾਇਸੀ॥		Hukam Manniai Hovai Paravaan Thaa Khasamai Kaa Mehal Paaeisee ||	Obeying the Order of His Will, he becomes acceptable, and then, he obtains the Mansion of the Lord's Presence.	ਪ੍ਰਭੂ ਦੀ ਰਜ਼ਾ ਵਿਚ ਰਾਜ਼ੀ ਰਹਿਣ ਕਰਕੇ ਸੇਵਕ (ਪ੍ਰਭੂ ਦੇ ਦਰ ਤੇ) ਕਬੂਲ ਹੋ ਜਾਂਦਾ ਹੈ ਅਤੇ ਮਾਲਕ ਦਾ ਘਰ ਲੱਭ ਲੈਂਦਾ ਹੈ।
21322	471	ਖਸਮੈ ਭਾਵੈ ਸੋ ਕਰੇ ਮਨਹੁ ਚਿੰਦਿਆ ਸੋ ਫਲੁ ਪਾਇਸੀ॥		Khasamai Bhaavai So Karae Manahu Chindhiaa So Fal Paaeisee ||	One who acts to please His Lord and Master, obtains the fruits of his mind's desires.	ਜਦੋਂ ਸੇਵਕ ਉਹੀ ਕੰਮ ਕਰਦਾ ਹੈ ਜੋ ਖਸਮ ਨੂੰ ਚੰਗਾ ਲੱਗਦਾ ਹੈ ਤਾਂ ਉਸ ਨੂੰ ਮਨ-ਭਾਉਂਦਾ ਫਲ ਮਿਲਦਾ ਹੈ,
21323	471	ਤਾ ਦਰਗਹ ਪੈਧਾ ਜਾਇਸੀ॥੧੫॥	(ਪੈਧਾ) ਸਿਰੋਪਾਉ ਪਹਿਨ ਇੱਜ਼ਤ ਨਾਲ	Thaa Dharageh Paidhhaa Jaaeisee ||15||	Then, he goes to the Court of the Lord, wearing robes of honor. ||15||	ਅਤੇ ਉਹ ਪ੍ਰਭੂ ਦੀ ਦਰਗਾਹ ਵਿਚ ਇੱਜ਼ਤ ਨਾਲ ਜਾਂਦਾ ਹੈ ॥੧੫॥
21324	471	ਸਲੋਕ ਮਃ ੧॥		Salok Ma 1 ||	Shalok, First Mehl:	
21325	471	ਗਉ ਬਿਰਾਹਮਣ ਕਉ ਕਰੁ ਲਾਵਹੁ ਗੋਬਰਿ ਤਰਣੁ ਨ ਜਾਈ॥	(ਕਰੁ)ਟੈਕਸ	Goo Biraahaman Ko Kar Laavahu Gobar Tharan N Jaaee ||	They tax the cows and the Brahmins, but the cow-dung they apply to their kitchen will not save them.	(ਦਰਿਆ ਦੇ ਪੱਤਣ ਤੇ ਬੈਠ ਕੇ) ਗਊ ਅਤੇ ਬ੍ਰਾਹਮਣ ਨੂੰ ਤਾਂ ਤੂੰ ਮਸੂਲ ਲਾਂਦਾ ਹੈਂ (ਭਾਵ, ਗਊ ਅਤੇ ਬ੍ਰਾਹਮਣ ਨੂੰ ਪਾਰ ਲੰਘਾਣ ਦਾ ਮਸੂਲ ਲਾ ਲੈਂਦਾ ਹੈਂ), (ਫੇਰ ਤੂੰ ਕਦੇ ਇਹ ਨਹੀਂ ਸੋਚਦਾ ਕਿ ਉਸ ਗਊ ਦੇ) ਗੋਹੇ ਨਾਲ (ਪੋਚਾ ਫੇਰਿਆਂ, ਸੰਸਾਰ-ਸਮੁੰਦਰ ਤੋਂ) ਤਰਿਆ ਨਹੀਂ ਜਾ ਸਕਦਾ।

21326	471	ਧੋਤੀ ਟਿਕਾ ਤੈ ਜਪਮਾਲੀ ਧਾਨੁ ਮਲੇਛਾਂ ਖਾਈ॥	(ਮਲੇਛਾਂ) ਕੁਕਰਮੀਆਂ ਦਾ	Dhhothee Ttikaa Thai Japamaalee Dhhaan Malaeshhaan Khaaee ||	They wear their loin cloths, apply ritual frontal marks to their foreheads, and carry their rosaries, but they eat food with the Muslims.	ਧੋਤੀ (ਪਹਿਨਦਾ ਹੈਂ), ਟਿੱਕਾ (ਮੱਥੇ ਉਤੇ ਲਾਂਦਾ ਹੈਂ) ਅਤੇ ਮਾਲਾ (ਫੇਰਦਾ ਹੈਂ), ਪਰ ਪਦਾਰਥ ਮਲੇਛਾਂ ਦਾ ਖਾਂਦਾ ਹੈਂ, (ਭਾਵ ਪਦਾਰਥ ਉਹਨਾਂ ਤੋਂ ਲੈ ਕੇ ਛਕਦਾ ਹੈਂ, ਜਿਨ੍ਹਾਂ ਨੂੰ ਤੂੰ ਮਲੇਛ ਆਖਦਾ ਹੈਂ)।
21327	471	ਅੰਤਰਿ ਪੂਜਾ ਪੜਹਿ ਕਤੇਬਾ ਸੰਜਮੁ ਤੁਰਕਾ ਭਾਈ॥		Anthar Poojaa Parrehi Kathaebaa Sanjam Thurakaa Bhaaee ||	O Siblings of Destiny, you perform devotional worship indoors, but read the Islamic sacred texts, and adopt the Muslim way of life.	ਅੰਦਰ ਬੈਠ ਕੇ (ਭਾਵ, ਤੁਰਕ ਹਾਕਮਾਂ ਤੋਂ ਚੋਰੀ ਚੋਰੀ) ਪੂਜਾ ਕਰਦਾ ਹੈਂ, (ਬਾਹਰ ਮੁਸਲਮਾਨਾਂ ਨੂੰ ਵਿਖਾਲਣ ਵਾਸਤੇ) ਕੁਰਾਨ ਆਦਿ ਪੜ੍ਹਦਾ ਹੈਂ, ਤੇ ਮੁਸਲਮਾਨਾਂ ਵਾਲੀ ਹੀ ਰਹਿਤ ਤੂੰ ਰੱਖੀ ਹੋਈ ਹੈ।
21328	471	ਛੋਡੀਲੇ ਪਾਖੰਡਾ॥		Shhoddeelae Paakhanddaa ||	Renounce your hypocrisy!	(ਇਹ) ਪਾਖੰਡ ਤੂੰ ਛੱਡ ਦੇਹ।
21329	471	ਨਾਮਿ ਲਇਐ ਜਾਹਿ ਤਰੰਦਾ॥੧॥		Naam Laeiai Jaahi Tharandhaa ||1||	Taking the Naam, the Name of the Lord, you shall swim across. ||1||	ਜੇ ਪ੍ਰਭੂ ਦਾ ਨਾਮ ਸਿਮਰੇਂਗਾ, ਤਾਂ ਹੀ (ਸੰਸਾਰ-ਸਮੁੰਦਰ ਤੋਂ) ਤਰੇਂਗਾ ॥੧॥
21330	471	ਮਃ ੧॥		Ma 1 ||	First Mehl:	
21331	471	ਮਾਣਸ ਖਾਣੇ ਕਰਹਿ ਨਿਵਾਜ॥		Maanas Khaanae Karehi Nivaaj ||	The man-eaters say their prayers.	(ਕਾਜ਼ੀ ਤੇ ਮੁਸਲਮਾਨ ਹਾਕਮ) ਹਨ ਤਾਂ ਵੱਢੀ-ਖ਼ੋਰੇ, ਪਰ ਪੜ੍ਹਦੇ ਹਨ ਨਮਾਜ਼ਾਂ।

21332	471	ਛੁਰੀ ਵਗਾਇਨਿ ਤਿਨ ਗਲਿ ਤਾਗ॥	ਵਗਾਇ-ਨਿਗਲ਼ਿ	Shhuree Vagaaein Thin Gal Thaag ||	Those who wield the knife wear the sacred thread around their necks.	(ਇਹਨਾਂ ਹਾਕਮਾਂ ਦੇ ਅੱਗੇ ਮੁਨਸ਼ੀ ਉਹ ਖੱਤ੍ਰੀ ਹਨ ਜੋ) ਛੁਰੀ ਚਲਾਂਦੇ ਹਨ (ਭਾਵ, ਗ਼ਰੀਬਾਂ ਉੱਤੇ ਜ਼ੁਲਮ ਕਰਦੇ ਹਨ), ਪਰ ਉਹਨਾਂ ਦੇ ਗਲ ਵਿਚ ਜਨੇਊ ਹਨ।
21333	471	ਤਿਨ ਘਰਿ ਬ੍ਰਹਮਣ ਪੂਰਹਿ ਨਾਦ॥	(ਪੂਰਹਿ ਨਾਦ) ਸੰਖ ਵਜਾਂਦੇ	Thin Ghar Brehaman Poorehi Naadh ||	In their homes, the Brahmins sound the conch.	ਇਹਨਾਂ (ਜ਼ਾਲਮ ਖੱਤ੍ਰੀਆਂ) ਦੇ ਘਰ ਵਿਚ ਬ੍ਰਾਹਮਣ ਜਾ ਕੇ ਸੰਖ ਵਜਾਂਦੇ ਹਨ;
21334	471	ਉਨ੍ਹਾ ਭਿ ਆਵਹਿ ਓਈ ਸਾਦ॥	ਆਵ-ਹਿ	Ounhaa Bh Aavehi Ouee Saadh ||	They too have the same taste.	ਤਾਂ ਤੇ ਉਨ੍ਹਾਂ ਬ੍ਰਾਹਮਣਾਂ ਨੂੰ ਭੀ ਉਹਨਾਂ ਹੀ ਪਦਾਰਥਾਂ ਦੇ ਸੁਆਦ ਆਉਂਦੇ ਹਨ (ਭਾਵ, ਉਹ ਬ੍ਰਾਹਮਣ ਭੀ ਜ਼ੁਲਮ ਦੇ ਕਮਾਏ ਹੋਏ ਪਦਾਰਥ ਖਾਂਦੇ ਹਨ)।
21335	471	ਕੂੜੀ ਰਾਸਿ ਕੂੜਾ ਵਾਪਾਰੁ॥		Koorree Raas Koorraa Vaapaar ||	False is their capital, and false is their trade.	(ਇਹਨਾਂ ਲੋਕਾਂ ਦੀ) ਇਹ ਝੂਠੀ ਪੂੰਜੀ ਹੈ ਤੇ ਝੂਠਾ ਹੀ ਇਹਨਾਂ ਦਾ (ਇਹ) ਵਪਾਰ ਹੈ।
21336	471	ਕੂੜੁ ਬੋਲਿ ਕਰਹਿ ਆਹਾਰੁ॥	(ਆਹਾਰੁ) ਭੋਜਨ	Koorr Bol Karehi Aahaar ||	Speaking falsehood, they take their food.	ਝੂਠ ਬੋਲ ਬੋਲ ਕੇ (ਹੀ) ਇਹ ਰੋਜ਼ੀ ਕਮਾਂਦੇ ਹਨ।
21337	471	ਸਰਮ ਧਰਮ ਕਾ ਡੇਰਾ ਦੂਰਿ॥	(ਸਰਮ) ਲੱਜਾ, ਮਿਹਨਤ	Saram Dhharam Kaa Ddaeraa Dhoor ||	The home of modesty and Dharma is far from them.	ਹੁਣ ਸ਼ਰਮ ਤੇ ਧਰਮ ਦੀ ਸਭਾ ਉਠ ਗਈ ਹੈ (ਭਾਵ, ਇਹ ਲੋਕ ਨਾ ਆਪਣੀ ਸ਼ਰਮ ਹਯਾ ਦਾ ਖ਼ਿਆਲ ਕਰਦੇ ਹਨ ਅਤੇ ਨਾ ਹੀ ਧਰਮ ਦੇ ਕੰਮ ਕਰਦੇ ਹਨ)।

21338	471	ਨਾਨਕ ਕੂੜੁ ਰਹਿਆ ਭਰਪੂਰਿ॥		Naanak Koorr Rehiaa Bharapoor ||	O Nanak, they are totally permeated with falsehood.	ਹੇ ਨਾਨਕ! ਸਭ ਥਾਈਂ ਝੂਠ ਹੀ ਪਰਧਾਨ ਹੋ ਰਿਹਾ ਹੈ।
21339	471	ਮਥੈ ਟਿਕਾ ਤੇੜਿ ਧੋਤੀ ਕਖਾਈ॥	(ਕਖਾਈ) ਗੇਰੂਏ ਰੰਗ ਦੀ। ਮੱਥੈ ਟਿੱਕਾ	Mathhai Ttikaa Thaerr Dhothee Kakhaaee ||	The sacred marks are on their foreheads, and the saffron loin-cloths are around their waists;	(ਇਹ ਖੱਤ੍ਰੀ) ਮੱਥੇ ਉੱਤੇ ਟਿੱਕਾ ਲਾਂਦੇ ਹਨ, ਲੱਕ ਦੁਆਲੇ ਗੇਰੂਏ ਰੰਗ ਦੀ ਧੋਤੀ (ਬੰਨ੍ਹਦੇ ਹਨ)
21340	471	ਹਥਿ ਛੁਰੀ ਜਗਤ ਕਾਸਾਈ॥	ਕਲਮ ਪੱਤ੍ਰੀ ਰੂਪੀ (ਛੁਰੀ)	Hathh Shhuree Jagath Kaasaaee ||	In their hands they hold the knives - they are the butchers of the world!	ਪਰ ਹੱਥ ਵਿਚ, (ਮਾਨੋ) ਛੁਰੀ ਫੜੀ ਹੋਈ ਹੈ ਤੇ (ਵੱਸ ਲਗਦਿਆਂ) ਹਰੇਕ ਜੀਵ ਉੱਤੇ ਜ਼ੁਲਮ ਕਰਦੇ ਹਨ।
21341	472	ਨੀਲ ਵਸਤ੍ਰ ਪਹਿਰਿ ਹੋਵਹਿ ਪਰਵਾਣੁ॥	ਪਹਿ-ਰਿ	Neel Vasathr Pehir Hovehi Paravaan ||	Wearing blue robes, they seek the approval of the Muslim rulers.	ਨੀਲੇ ਰੰਗ ਦੇ ਕੱਪੜੇ ਪਾ ਕੇ (ਤੁਰਕ ਹਾਕਮਾਂ ਦੇ ਪਾਸ ਜਾਂਦੇ ਹਨ, ਤਾਂ ਹੀ) ਉਹਨਾਂ ਪਾਸ ਜਾਣ ਦੀ ਆਗਿਆ ਮਿਲਦੀ ਹੈ।
21342	472	ਮਲੇਛ ਧਾਨੁ ਲੇ ਪੂਜਹਿ ਪੁਰਾਣੁ॥		Malaeshh Dhhaan Lae Poojehi Puraan ||	Accepting bread from the Muslim rulers, they still worship the Puraanas.	(ਜਿਨ੍ਹਾਂ ਨੂੰ) ਮਲੇਛ (ਆਖਦੇ ਹਨ, ਉਹਨਾਂ ਹੀ) ਪਾਸੋਂ ਰੋਜ਼ੀ ਲੈਂਦੇ ਹਨ, ਤੇ (ਫੇਰ ਭੀ) ਪੁਰਾਣ ਨੂੰ ਪੂਜਦੇ ਹਨ (ਭਾਵ, ਫੇਰ ਭੀ ਇਹੀ ਸਮਝਦੇ ਹਨ ਕਿ ਅਸੀਂ ਪੁਰਾਣ ਦੇ ਅਨੁਸਾਰ ਤੁਰ ਰਹੇ ਹਾਂ)।

21343	472	ਅਭਾਖਿਆ ਕਾ ਕੁਠਾ ਬਕਰਾ ਖਾਣਾ॥	ਕੁੱਠਾ। ਬੱਕਰਾ	Abhaakhiaa Kaa Kuthaa Bakaraa Khaanaa ||	They eat the meat of the goats, killed after the Muslim prayers are read over them,	(ਇੱਥੇ ਹੀ ਬੱਸ ਨਹੀਂ) ਖ਼ੁਰਾਕ ਇਹਨਾਂ ਦੀ ਉਹ ਬੱਕਰਾ ਹੈ ਜੋ ਕਲਮਾ ਪੜ੍ਹ ਕੇ ਹਲਾਲ ਕੀਤਾ ਹੋਇਆ ਹੈ (ਭਾਵ, ਜੋ ਮੁਸਲਮਾਨ ਦੇ ਹੱਥਾਂ ਦਾ ਤਿਆਰ ਕੀਤਾ ਹੋਇਆ ਹੈ)
21344	472	ਚਉਕੇ ਉਪਰਿ ਕਿਸੈ ਨ ਜਾਣਾ॥		Choukae Oupar Kisai N Jaanaa ||	But they do not allow anyone else to enter their kitchen areas.	(ਪਰ ਆਖਦੇ ਹਨ ਕਿ) ਸਾਡੇ ਚੌਕੇ ਉੱਤੇ ਕੋਈ ਹੋਰ ਮਨੁੱਖ ਨਾ ਆ ਚੜ੍ਹੇ।
21345	472	ਦੇ ਕੈ ਚਉਕਾ ਕਢੀ ਕਾਰ॥		Dhae Kai Choukaa Kadtee Kaar ||	They draw lines around them, plastering the ground with cow-dung.	ਚੌਕਾ ਬਣਾ ਕੇ (ਦੁਆਲੇ) ਲਕੀਰਾਂ ਕੱਢਦੇ ਹਨ,
21346	472	ਉਪਰਿ ਆਇ ਬੈਠੇ ਕੂੜਿਆਰ॥		Oupar Aae Baithae Koorriaar ||	The false come and sit within them.	(ਪਰ ਇਸ) ਚੌਕੇ ਵਿਚ ਉਹ ਮਨੁੱਖ ਆ ਬੈਠਦੇ ਹਨ ਜੋ ਆਪ ਝੂਠੇ ਹਨ।
21347	472	ਮਤੁ ਭਿਟੈ ਵੇ ਮਤੁ ਭਿਟੈ॥		Math Bhittai Vae Math Bhittai ||	They cry out, ""Do not touch our food,	(ਹੋਰਨਾਂ ਨੂੰ ਆਖਦੇ ਹਨ-ਸਾਡੇ ਚੌਕੇ ਦੇ ਨੇੜੇ ਨਾ ਆਉਣਾ) ਕਿਤੇ ਚੌਕਾ ਭਿੱਟਿਆ ਨਾਹ ਜਾਏ,
21348	472	ਇਹੁ ਅੰਨੁ ਅਸਾਡਾ ਫਿਟੈ॥		Eihu Ann Asaaddaa Fittai ||	Or it will be polluted!""	ਅਤੇ ਸਾਡਾ ਅੰਨ ਖ਼ਰਾਬ ਨਾਹ ਹੋ ਜਾਏ;
21349	472	ਤਨਿ ਫਿਟੈ ਫੇੜ ਕਰੇਨਿ॥	(ਫੇੜ) ਮੰਦੇ ਕੰਮ	Than Fittai Faerr Karaen ||	But with their polluted bodies, they commit evil deeds.	(ਪਰ ਆਪ ਇਹ ਲੋਕ) ਅਪਵਿੱਤਰ ਸਰੀਰ ਨਾਲ ਮੰਦੇ ਕੰਮ ਕਰਦੇ ਹਨ,

21350	472	ਮਨਿ ਜੂਠੈ ਚੁਲੀ ਭਰੇਨਿ॥	ਚੁਲੀ: ਪੋਲਾ ਬੋਲੋ	Man Joothai Chulee Bharaen ||	With filthy minds, they try to cleanse their mouths.	ਅਤੇ ਜੂਠੇ ਮਨ ਨਾਲ ਹੀ (ਭਾਵ, ਮਨ ਤਾਂ ਅੰਦਰੋਂ ਮਲੀਨ ਹੈ) ਚੁਲੀਆਂ ਕਰਦੇ ਹਨ।
21351	472	ਕਹੁ ਨਾਨਕ ਸਚੁ ਧਿਆਈਐ॥		Kahu Naanak Sach Dhhiaaeeai ||	Says Nanak, meditate on the True Lord.	ਨਾਨਕ ਆਖਦਾ ਹੈ, ਪ੍ਰਭੂ ਨੂੰ ਧਿਆਉਣਾ ਚਾਹੀਦਾ ਹੈ।
21352	472	ਸੁਚਿ ਹੋਵੈ ਤਾ ਸਚੁ ਪਾਈਐ॥੨॥		Such Hovai Thaa Sach Paaeeai ||2||	If you are pure, you will obtain the True Lord. ||2||	ਤਾਂ ਹੀ ਸੁੱਚ-ਪਵਿੱਤਰਤਾ ਹੋ ਸਕਦੀ ਹੈ ਜੇ ਸੱਚਾ ਪ੍ਰਭੂ ਮਿਲ ਪਏ ॥੨॥
21353	472	ਪਉੜੀ॥		Pourree ||	Pauree:	
21354	472	ਚਿਤੈ ਅੰਦਰਿ ਸਭੁ ਕੋ ਵੇਖਿ ਨਦਰੀ ਹੇਠਿ ਚਲਾਇਦਾ॥		Chithai Andhar Sabh Ko Vaekh Nadharee Haeth Chalaaeidhaa ||	All are within Your mind; You see and move them under Your Glance of Grace, O Lord.	ਪ੍ਰਭੂ ਹਰੇਕ ਜੀਵ ਨੂੰ ਆਪਣੇ ਧਿਆਨ ਵਿਚ ਰੱਖਦਾ ਹੈ, ਤੇ ਹਰੇਕ ਨੂੰ ਆਪਣੀ ਨਜ਼ਰ ਵਿਚ ਰੱਖ ਕੇ ਕਾਰੇ ਲਾਈ ਰੱਖਦਾ ਹੈ।
21355	472	ਆਪੇ ਦੇ ਵਡਿਆਈਆ ਆਪੇ ਹੀ ਕਰਮ ਕਰਾਇਦਾ॥		Aapae Dhae Vaddiaaeeaa Aapae Hee Karam Karaaeidhaa ||	You Yourself grant them glory, and You Yourself cause them to act.	ਆਪ ਹੀ (ਜੀਆਂ ਨੂੰ) ਵਡਿਆਈਆਂ ਬਖ਼ਸ਼ਦਾ ਹੈ ਤੇ ਆਪ ਹੀ ਉਹਨਾਂ ਨੂੰ ਕੰਮ ਵਿਚ ਲਾਂਦਾ ਹੈ।
21356	472	ਵਡਹੁ ਵਡਾ ਵਡ ਮੇਦਨੀ ਸਿਰੇ ਸਿਰਿ ਧੰਧੈ ਲਾਇਦਾ॥	(ਮੇਦਨੀ) ਸ੍ਰਿਸ਼ਟੀ	Vaddahu Vaddaa Vadd Maedhanee Sirae Sir Dhhandhhai Laaeidhaa ||	The Lord is the greatest of the great; great is His world. He enjoins all to their tasks.	ਪ੍ਰਭੂ ਵੱਡਿਆਂ ਤੋਂ ਵੱਡਾ ਹੈ (ਭਾਵ, ਸਭ ਤੋਂ ਵੱਡਾ ਹੈ), (ਉਸ ਦੀ ਰਚੀ ਹੋਈ) ਸ੍ਰਿਸ਼ਟੀ ਭੀ ਬੇਅੰਤ ਹੈ। (ਇਤਨੀ ਬੇਅੰਤ ਸ੍ਰਿਸ਼ਟੀ ਹੁੰਦਿਆਂ ਭੀ) ਹਰੇਕ ਜੀਵ ਨੂੰ ਪ੍ਰਭੂ ਥਾਉਂ ਥਾਈਂ ਧੰਧਿਆਂ ਵਿਚ ਜੋੜੀ ਰੱਖਦਾ ਹੈ।

21357	472	ਨਦਰਿ ਉਪਠੀ ਜੇ ਕਰੇ ਸੁਲਤਾਨਾ ਘਾਹੁ ਕਰਾਇਦਾ॥	ਉ-ਪੱਠੀ	Nadhar Oupathee Jae Karae Sulathaanaa Ghaahu Karaaeidhaa ||	If he should cast an angry glance, He can transform kings into blades of grass.	ਜੇ ਕਦੇ ਦੁਨੀਆ ਦੇ ਪਾਤਸ਼ਾਹਾਂ ਉੱਤੇ ਭੀ ਗੁੱਸੇ ਦੀ ਨਜ਼ਰ ਕਰੇ, ਤਾਂ ਉਹਨਾਂ ਨੂੰ ਕੱਖੋਂ ਹੌਲੇ ਕਰ ਦੇਂਦਾ ਹੈ;
21358	472	ਦਰਿ ਮੰਗਨਿ ਭਿਖ ਨ ਪਾਇਦਾ॥੧੬॥	ਭਿੱਖ	Dhar Mangan Bhikh N Paaeidhaa ||16||	Even though they may beg from door to door, no one will give them charity. ||16||	(ਜੇ ਉਹ) ਲੋਕਾਂ ਦੇ ਦਰ ਤੇ ਜਾ ਕੇ ਸੁਆਲ ਪਾਂਦੇ ਹਨ, ਤਾਂ ਅਗੋਂ ਕੋਈ ਖ਼ੈਰ ਭੀ ਨਹੀਂ ਪਾਂਦਾ ॥੧੬॥
21359	472	ਸਲੋਕੁ ਮਃ ੧॥		Salok Ma 1 ||	Shalok, First Mehl:	
21360	472	ਜੇ ਮੋਹਾਕਾ ਘਰੁ ਮੁਹੈ ਘਰੁ ਮੁਹਿ ਪਿਤਰੀ ਦੇਇ॥	(ਮੋਹਾੱਕਾ)ਠੱਗ। (ਮੁਹੈ) ਠੱਗੇ। ਪਿਤਰੀਂ	Jae Mohaakaa Ghar Muhai Ghar Muhi Pitharee Dhaee ||	The thief robs a house, and offers the stolen goods to his ancestors.	ਜੇ ਕੋਈ ਠੱਗ ਪਰਾਇਆ ਘਰ ਠੱਗੇ, ਪਰਾਏ ਘਰ ਨੂੰ ਠੱਗ ਕੇ (ਉਹ ਪਦਾਰਥ) ਆਪਣੇ ਪਿਤਰਾਂ ਦੇ ਨਮਿਤ ਦੇਵੇ,
21361	472	ਅਗੈ ਵਸਤੁ ਸਿਞਾਣੀਐ ਪਿਤਰੀ ਚੋਰ ਕਰੇਇ॥	ਕਰੇ-ਇ	Agai Vasath Sinjaaneeai Pitharee Chor Karaee ||	In the world hereafter, this is recognized, and his ancestors are considered thieves as well.	ਤਾਂ (ਜੇ ਸੱਚ-ਮੁੱਚ ਪਿਛਲਿਆਂ ਦਾ ਦਿੱਤਾ ਅੱਪੜਦਾ ਹੀ ਹੈ ਤਾਂ) ਪਰਲੋਕ ਵਿਚ ਉਹ ਪਦਾਰਥ ਸਿਞਾਣਿਆ ਜਾਂਦਾ ਹੈ। ਇਸ ਤਰ੍ਹਾਂ ਉਹ ਮਨੁੱਖ ਆਪਣੇ ਪਿਤਰਾਂ ਨੂੰ (ਭੀ) ਚੋਰ ਬਣਾਂਦਾ ਹੈ (ਕਿਉਂਕਿ ਉਹਨਾਂ ਪਾਸੋਂ ਚੋਰੀ ਦਾ ਮਾਲ ਨਿਕਲ ਆਉਂਦਾ ਹੈ)।

21362	472	ਵਢੀਅਹਿ ਹਥ ਦਲਾਲ ਕੇ ਮੁਸਫੀ ਏਹ ਕਰੇਇ॥	(ਮੁਸਫੀ) ਨਿਆਂ। ਵੱਢੀ-ਅਹਿ	Vadteeahi Hathh Dhalaal Kae Musafee Eaeh Karaee ||	The hands of the go-between are cut off; this is the Lord's justice.	(ਅਗੋਂ) ਪ੍ਰਭੂ ਇਹ ਨਿਆਂ ਕਰਦਾ ਹੈ ਕਿ (ਇਹ ਚੋਰੀ ਦਾ ਮਾਲ ਅਪੜਾਣ ਵਾਲੇ ਬ੍ਰਾਹਮਣ) ਦਲਾਲ ਦੇ ਹੱਥ ਵੱਢੇ ਜਾਂਦੇ ਹਨ।
21363	472	ਨਾਨਕ ਅਗੈ ਸੋ ਮਿਲੈ ਜਿ ਖਟੇ ਘਾਲੇ ਦੇਇ॥੧॥		Naanak Agai So Milai J Khattae Ghaalae Dhaee ||1||	O Nanak, in the world hereafter, that alone is received, which one gives to the needy from his own earnings and labor. ||1||	ਹੇ ਨਾਨਕ! (ਕਿਸੇ ਦਾ ਅਪੜਾਇਆ ਹੋਇਆ ਅੱਗੇ ਕੀਹ ਮਿਲਣਾ ਹੈ?) ਅਗਾਂਹ ਤਾਂ ਮਨੁੱਖ ਨੂੰ ਉਹੀ ਕੁਝ ਮਿਲਦਾ ਹੈ ਜੋ ਖੱਟਦਾ ਹੈ, ਕਮਾਂਦਾ ਹੈ ਤੇ (ਹੱਥੀਂ) ਦੇਂਦਾ ਹੈ ॥੧॥
21364	472	ਮਃ ੧॥		Ma 1 ||	First Mehl:	
21365	472	ਜਿਉ ਜੋਰੂ ਸਿਰਨਾਵਣੀ ਆਵੈ ਵਾਰੋ ਵਾਰ॥	(ਜੋਰੂ)ਇਸਤ੍ਰੀ। (ਸਿਰ-ਨ੍ਹਾਵਣੀ) ਮਾਸਕ ਧਰਮ, ਮੰਥਲੀ ਕੋਰਸ, ਅਪਵਿੱਤ੍ਰਤਾਈ	Jio Joroo Siranaavanee Aavai Vaaro Vaar ||	As a woman has her periods, month after month,	ਜਿਵੇਂ ਇਸਤ੍ਰੀ ਨੂੰ ਸਦਾ ਹਰ ਮਹੀਨੇ ਨ੍ਹਾਉਣੀ ਆਉਂਦੀ ਹੈ (ਤੇ ਇਹ ਅਪਵਿੱਤ੍ਰਤਾ ਸਦਾ ਉਸ ਦੇ ਅੰਦਰੋਂ ਹੀ ਪੈਦਾ ਹੋ ਜਾਂਦੀ ਹੈ),
21366	472	ਜੂਠੇ ਜੂਠਾ ਮੁਖਿ ਵਸੈ ਨਿਤ ਨਿਤ ਹੋਇ ਖੁਆਰੁ॥		Joothae Joothaa Mukh Vasai Nith Nith Hoe Khuaar ||	So does falsehood dwell in the mouth of the false; they suffer forever, again and again.	ਤਿਵੇਂ ਝੂਠੇ ਮਨੁੱਖ ਦੇ ਮੂੰਹ ਵਿਚ ਸਦਾ ਝੂਠ ਹੀ ਰਹਿੰਦਾ ਹੈ ਤੇ ਇਸ ਕਰਕੇ ਉਹ ਸਦਾ ਦੁੱਖੀ ਹੀ ਰਹਿੰਦਾ ਹੈ।
21367	472	ਸੂਚੇ ਏਹਿ ਨ ਆਖੀਅਹਿ ਬਹਨਿ ਜਿ ਪਿੰਡਾ ਧੋਇ॥	(ਪਿੰਡਾ) ਸ਼੍ਰੀਰ। ਆਖੀ-ਅਹਿ ਬਹ-ਨਿ	Soochae Eaehi N Aakheeahi Behan J Pinddaa Dhhoe ||	They are not called pure, who sit down after merely washing their bodies.	ਅਜੇਹੇ ਮਨੁੱਖ ਸੁੱਚੇ ਨਹੀਂ ਆਖੇ ਜਾਂਦੇ ਜੋ ਨਿਰਾ ਸਰੀਰ ਨੂੰ ਹੀ ਧੋ ਕੇ (ਆਪਣੇ ਵਲੋਂ ਪਵਿੱਤਰ ਬਣ ਕੇ) ਬੈਠ ਜਾਂਦੇ ਹਨ।

21368	472	ਸੂਚੇ ਸੇਈ ਨਾਨਕਾ ਜਿਨ ਮਨਿ ਵਸਿਆ ਸੋਇ॥੨॥		Soochae Saeee Naanakaa Jin Man Vasiaa Soe ||2||	Only they are pure, O Nanak, within whose minds the Lord abides. ||2||	ਹੇ ਨਾਨਕ! ਕੇਵਲ ਉਹੀ ਮਨੁੱਖ ਸੁੱਚੇ ਹਨ ਜਿਨ੍ਹਾਂ ਦੇ ਮਨ ਵਿੱਚ ਪ੍ਰਭੂ ਵੱਸਦਾ ਹੈ ॥੨॥
21369	472	ਪਉੜੀ॥		Pourree ||	Pauree:	
21370	472	ਤੁਰੇ ਪਲਾਣੇ ਪਉਣ ਵੇਗ ਹਰ ਰੰਗੀ ਹਰਮ ਸਵਾਰਿਆ॥	(ਤੁਰੇ) ਘੋੜੇ। (ਪਲਾਣੇ) ਕਾਠੀਆਂ ਸਮੇਤ। (ਵੇਗ) ਤੇਜ਼ ਚਾਲ। ਹਰ (ਰੰਗੀ) ਰੰਗ ਦਾ (ਹਰਮ) ਮਹਿਲ (ਸਵਾਰਿਆ) ਸਜਾਏ	Thurae Palaanae Poun Vaeg Har Rangee Haram Savaariaa ||	With saddled horses, as fast as the wind, and harems decorated in every way;	ਜਿਨ੍ਹਾਂ ਪਾਸ ਕਾਠੀਆਂ ਸਮੇਤ, (ਭਾਵ, ਸਦਾ ਤਿਆਰ-ਬਰ ਤਿਆਰ) ਘੋੜੇ ਹਵਾ ਵਰਗੀ ਤਿੱਖੀ ਚਾਲ ਵਾਲੇ ਹੁੰਦੇ ਹਨ, ਜੋ ਆਪਣੇ ਹਰਮਾਂ ਨੂੰ ਕਈ ਰੰਗਾਂ ਨਾਲ ਸਜਾਂਦੇ ਹਨ,
21371	472	ਕੋਠੇ ਮੰਡਪ ਮਾੜੀਆ ਲਾਇ ਬੈਠੇ ਕਰਿ ਪਾਸਾਰਿਆ॥	ਮਾੜੀਆਂ	Kothae Manddap Maarreeaa Laae Baithae Kar Paasaariaa ||	In houses and pavilions and lofty mansions, they dwell, making ostentatious shows.	ਜੋ ਮਨੁੱਖ ਕੋਠੇ ਮਹਲ ਮਾੜੀਆਂ ਆਦਿਕ ਪਸਾਰੇ ਪਸਾਰ ਕੇ (ਅਹੰਕਾਰੀ ਹੋਇ) ਬੈਠੇ ਹਨ,
21372	472	ਚੀਜ ਕਰਨਿ ਮਨਿ ਭਾਵਦੇ ਹਰਿ ਬੁਝਨਿ ਨਾਹੀ ਹਾਰਿਆ॥	(ਚੀਜ) ਚੋਜ ਤਮਾਸ਼ੇ। ਬੁੱਝਨਿ	Cheej Karan Man Bhaavadhae Har Bujhan Naahee Haariaa ||	They act out their minds' desires, but they do not understand the Lord, and so they are ruined.	ਜੋ ਮਨੁੱਖ ਮਨ-ਮੰਨੀਆਂ ਰੰਗ-ਰਲੀਆਂ ਮਾਣਦੇ ਹਨ, ਪਰ ਪ੍ਰਭੂ ਨੂੰ ਨਹੀਂ ਪਛਾਣਦੇ, ਉਹ ਆਪਣਾ ਮਨੁੱਖਾ ਜਨਮ ਹਾਰ ਬੈਠਦੇ ਹਨ।

21373	472	ਕਰਿ ਫੁਰਮਾਇਸਿ ਖਾਇਆ ਵੇਖਿ ਮਹਲਤਿ ਮਰਣੁ ਵਿਸਾਰਿਆ॥	(ਫੁਰਮਾਇਸਿ) ਹੁਕਮ। (ਮਹ-ਲਤਿ) ਹਵੇਲੀ।	Kar Furamaaeis Khaaeiaa Vaekh Mehalath Maran Visaariaa ||	Asserting their authority, they eat, and beholding their mansions, they forget about death.	ਜੋ ਮਨੁੱਖ (ਗ਼ਰੀਬਾਂ ਉੱਤੇ) ਹੁਕਮ ਕਰ ਕੇ (ਪਦਾਰਥ) ਖਾਂਦੇ ਹਨ (ਭਾਵ, ਮੌਜਾਂ ਮਾਣਦੇ ਹਨ) ਅਤੇ ਆਪਣੇ ਮਹਲਾਂ ਨੂੰ ਤੱਕ ਕੇ ਆਪਣੀ ਮੌਤ ਨੂੰ ਭੁਲਾ ਦੇਂਦੇ ਹਨ,
21374	472	ਜਰੁ ਆਈ ਜੋਬਨਿ ਹਾਰਿਆ॥੧੭॥	(ਜਰੁ) ਬੁਢੇਪਾ	Jar Aaee Joban Haariaa ||17||	But old age comes, and youth is lost. ||17||	ਉਹਨਾਂ ਜਵਾਨੀ ਦੇ ਠੱਗਿਆਂ ਨੂੰ (ਭਾਵ, ਜੁਆਨੀ ਦੇ ਨਸ਼ੇ ਵਿਚ ਮਸਤ ਪਏ ਹੋਏ ਮਨੁੱਖਾਂ ਨੂੰ) (ਗ਼ਫ਼ਲਤ ਵਿਚ ਹੀ) ਬੁਢੇਪਾ ਆ ਦਬਾਂਦਾ ਹੈ ॥੧੭॥
21375	472	ਸਲੋਕੁ ਮਃ ੧॥	(ਸਭਤੈ) ਸਾਰਿਆਂ ਥਾਵਾਂ ਚ, ਸਾਰਿਆਂ ਸਮਿਆਂ ਚ	Salok Ma 1 ||	Shalok, First Mehl:	
21376	472	ਜੇ ਕਰਿ ਸੂਤਕੁ ਮੰਨੀਐ ਸਭਤੈ ਸੂਤਕੁ ਹੋਇ॥		Jae Kar Soothak Manneeai Sabh Thai Soothak Hoe ||	If one accepts the concept of impurity, then there is impurity everywhere.	ਜੇ ਸੂਤਕ ਨੂੰ ਮੰਨ ਲਈਏ (ਭਾਵ, ਜੇ ਮੰਨ ਲਈਏ ਕਿ ਸੂਤਕ ਦਾ ਭਰਮ ਰੱਖਣਾ ਚਾਹੀਦਾ ਹੈ, ਤਾਂ ਇਹ ਭੀ ਚੇਤਾ ਰੱਖੋ ਕਿ ਇਸ ਤਰ੍ਹਾਂ) ਸੂਤਕ ਸਭ ਥਾਈਂ ਹੁੰਦਾ ਹੈ;
21377	472	ਗੋਹੇ ਅਤੈ ਲਕੜੀ ਅੰਦਰਿ ਕੀੜਾ ਹੋਇ॥		Gohae Athai Lakarree Andhar Keerraa Hoe ||	In cow-dung and wood there are worms.	ਗੋਹੇ ਤੇ ਲਕੜੀ ਦੇ ਅੰਦਰ ਭੀ ਕੀੜੇ ਹੁੰਦੇ ਹਨ (ਭਾਵ, ਜੰਮਦੇ ਰਹਿੰਦੇ ਹਨ);
21378	472	ਜੇਤੇ ਦਾਣੇ ਅੰਨ ਕੇ ਜੀਆ ਬਾਝੁ ਨ ਕੋਇ॥		Jaethae Dhaanae Ann Kae Jeeaa Baajh N Koe ||	As many as are the grains of corn, none is without life.	ਅੰਨ ਦੇ ਜਿਤਨੇ ਭੀ ਦਾਣੇ ਹਨ, ਇਹਨਾਂ ਵਿਚੋਂ ਕੋਈ ਦਾਣਾ ਭੀ ਜੀਵ ਤੋਂ ਬਿਨਾ ਨਹੀਂ ਹੈ।

21379	472	ਪਹਿਲਾ ਪਾਣੀ ਜੀਉ ਹੈ ਜਿਤੁ ਹਰਿਆ ਸਭੁ ਕੋਇ॥		Pehilaa Paanee Jeeo Hai Jith Hariaa Sabh Koe ||	First, there is life in the water, by which everything else is made green.	ਪਾਣੀ ਆਪ ਭੀ ਜੀਵ ਹੈ, ਕਿਉਂਕਿ ਇਸ ਨਾਲ ਹਰੇਕ ਜੀਵ ਹਰਾ (ਭਾਵ, ਜਿੰਦ ਵਾਲਾ) ਹੁੰਦਾ ਹੈ।
21380	472	ਸੂਤਕੁ ਕਿਉ ਕਰਿ ਰਖੀਐ ਸੂਤਕੁ ਪਵੈ ਰਸੋਇ॥		Soothak Kio Kar Rakheeai Soothak Pavai Rasoe ||	How can it be protected from impurity? It touches our own kitchen.	ਸੂਤਕ ਕਿਵੇਂ ਰੱਖਿਆ ਜਾ ਸਕਦਾ ਹੈ? (ਭਾਵ, ਸੂਤਕ ਦਾ ਭਰਮ ਪੂਰੇ ਤੌਰ ਤੇ ਮੰਨਣਾ ਬੜਾ ਹੀ ਕਠਨ ਹੈ, ਕਿਉਂਕਿ ਇਸ ਤਰ੍ਹਾਂ ਤਾਂ ਹਰ ਵੇਲੇ ਹੀ) ਰਸੋਈ ਵਿਚ ਸੂਤਕ ਪਿਆ ਰਹਿੰਦਾ ਹੈ।
21381	472	ਨਾਨਕ ਸੂਤਕੁ ਏਵ ਨ ਉਤਰੈ ਗਿਆਨੁ ਉਤਾਰੇ ਧੋਇ॥੧॥		Naanak Soothak Eaev N Outharai Giaan Outhaarae Dhhoe ||1||	O Nanak, impurity cannot be removed in this way; it is washed away only by spiritual wisdom. ||1||	ਹੇ ਨਾਨਕ! ਇਸ ਤਰ੍ਹਾਂ (ਭਾਵ, ਭਰਮਾਂ ਵਿਚ ਪਿਆਂ) ਸੂਤਕ (ਮਨ ਤੋਂ) ਨਹੀਂ ਉਤਰਦਾ, ਇਸ ਨੂੰ (ਪ੍ਰਭੂ ਦਾ) ਗਿਆਨ ਹੀ ਧੋ ਕੇ ਲਾਹ ਸਕਦਾ ਹੈ ॥੧॥
21382	472	ਮਃ ੧॥		Ma 1 ||	First Mehl:	
21383	472	ਮਨ ਕਾ ਸੂਤਕੁ ਲੋਭੁ ਹੈ ਜਿਹਵਾ ਸੂਤਕੁ ਕੂੜੁ॥		Man Kaa Soothak Lobh Hai Jihavaa Soothak Koorr ||	The impurity of the mind is greed, and the impurity of the tongue is falsehood.	ਮਨ ਦਾ ਸੂਤਕ ਲੋਭ ਹੈ (ਭਾਵ, ਜਿਨ੍ਹਾਂ ਮਨੁੱਖਾਂ ਦੇ ਮਨ ਨੂੰ ਲੋਭ ਰੂਪੀ ਸੂਤਕ ਚੰਬੜਿਆ ਹੈ); ਜੀਭ ਦਾ ਸੂਤਕ ਝੂਠ ਬੋਲਣਾ ਹੈ, (ਭਾਵ, ਜਿਨ੍ਹਾਂ ਮਨੁੱਖਾਂ ਦੀ ਜੀਭ ਨੂੰ ਝੂਠ-ਰੂਪ ਸੂਤਕ ਹੈ);

21384	472	ਅਖੀ ਸੂਤਕੁ ਵੇਖਣਾ ਪਰ ਤ੍ਰਿਅ ਪਰ ਧਨ ਰੂਪੁ॥	ਅੱਖੀਂ	Akhee Soothak Vaekhanaa Par Thria Par Dhhan Roop ||	The impurity of the eyes is to gaze upon the beauty of another man's wife, and his wealth.	(ਜਿਨ੍ਹਾਂ ਮਨੁੱਖ ਦੀਆਂ) ਅੱਖਾਂ ਨੂੰ ਪਰਾਇਆ ਧਨ ਅਤੇ ਪਰਾਈਆਂ ਇਸਤਰੀਆਂ ਦਾ ਰੂਪ ਤੱਕਣ ਦਾ ਸੂਤਕ (ਚੰਬੜਿਆ ਹੋਇਆ ਹੈ);
21385	472	ਕੰਨੀ ਸੂਤਕੁ ਕੰਨਿ ਪੈ ਲਾਇਤਬਾਰੀ ਖਾਹਿ॥	(ਲਾਇ-ਤਬਾਰੀ) ਚੁਗਲੀ। ਕੰਨੀਂ	Kannee Soothak Kann Pai Laaeithabaaree Khaahi ||	The impurity of the ears is to listen to the slander of others.	(ਜਿਨ੍ਹਾਂ ਮਨੁੱਖਾਂ ਦੇ) ਕੰਨ ਵਿਚ ਭੀ ਸੂਤਕ ਹੈ ਕਿ ਕੰਨ ਨਾਲ ਬੇਫ਼ਿਕਰ ਹੋ ਕੇ ਚੁਗ਼ਲੀ ਸੁਣਦੇ ਹਨ;
21386	472	ਨਾਨਕ ਹੰਸਾ ਆਦਮੀ ਬਧੇ ਜਮਪੁਰਿ ਜਾਹਿ॥੨॥		Naanak Hansaa Aadhamee Badhhae Jam Pur Jaahi ||2||	O Nanak, the mortal's soul goes, bound and gagged to the city of Death. ||2||	ਹੇ ਨਾਨਕ! (ਇਹੋ ਜਿਹੇ) ਮਨੁੱਖ (ਵੇਖਣ ਨੂੰ ਭਾਵੇਂ) ਹੰਸਾਂ ਵਰਗੇ (ਸੋਹਣੇ) ਹੋਣ (ਤਾਂ ਭੀ ਉਹ) ਬੱਧੇ ਹੋਏ ਨਰਕ ਵਿਚ ਜਾਂਦੇ ਹਨ ॥੨॥
21387	472	ਮਃ ੧॥		Ma 1 ||	First Mehl:	
21388	472	ਸਭੋ ਸੂਤਕੁ ਭਰਮੁ ਹੈ ਦੂਜੈ ਲਗੈ ਜਾਇ॥		Sabho Soothak Bharam Hai Dhoojai Lagai Jaae ||	All impurity comes from doubt and attachment to duality.	ਸੂਤਕ ਨਿਰਾ ਭਰਮ ਹੀ ਹੈ, ਇਹ (ਸੂਤਕ-ਰੂਪ ਭਰਮ) ਮਾਇਆ ਵਿਚ ਫਸਿਆਂ (ਮਨੁੱਖ ਨੂੰ) ਆ ਲੱਗਦਾ ਹੈ।
21389	472	ਜੰਮਣੁ ਮਰਣਾ ਹੁਕਮੁ ਹੈ ਭਾਣੈ ਆਵੈ ਜਾਇ॥		Janman Maranaa Hukam Hai Bhaanai Aavai Jaae ||	Birth and death are subject to the Command of the Lord's Will; through His Will we come and go.	(ਉਵ ਤਾਂ) ਜੀਵਾਂ ਦਾ ਜੰਮਣਾ ਮਰਨਾ ਪ੍ਰਭੂ ਦਾ ਹੁਕਮ ਹੈ, ਪ੍ਰਭੂ ਦੀ ਰਜ਼ਾ ਵਿਚ ਹੀ ਜੀਵ ਜੰਮਦਾ ਤੇ ਮਰਦਾ ਹੈ।

21390	472	ਖਾਣਾ ਪੀਣਾ ਪਵਿਤ੍ਰੁ ਹੈ ਦਿਤੋਨੁ ਰਿਜਕੁ ਸੰਬਾਹਿ॥	(ਦਿੱਤੋਨੁ) ਦਿੱਤਾ ਹੈ। (ਸੰਬਾਹਿ) ਸਾਰਿਆਂ ਨੂੰ	Khaanaa Peenaa Pavithra Hai Dhithon Rijak Sanbaahi ||	Eating and drinking are pure, since the Lord gives nourishment to all.	(ਪਦਾਰਥਾਂ ਦਾ) ਖਾਣਾ ਪੀਣਾ ਭੀ ਪਵਿੱਤਰ ਹੈ (ਭਾਵ, ਮਾੜਾ ਨਹੀਂ, ਕਿਉਂਕਿ) ਪ੍ਰਭੂ ਨੇ ਆਪ ਇਕੱਠਾ ਕਰ ਕੇ ਰਿਜ਼ਕ ਜੀਵਾਂ ਨੂੰ ਦਿੱਤਾ ਹੈ।
21391	472	ਨਾਨਕ ਜਿਨ੍ਹੀ ਗੁਰਮੁਖਿ ਬੁਝਿਆ ਤਿਨ੍ਹਾ ਸੂਤਕੁ ਨਾਹਿ॥੩॥	ਬੁੱਝਿਆ	Naanak Jinhee Guramukh Bujhiaa Thinhaa Soothak Naahi ||3||	O Nanak, the Gurmukhs, who understand the Lord, are not stained by impurity. ||3||	ਹੇ ਨਾਨਕ! ਜਿਨ੍ਹਾਂ ਗੁਰਮੁਖਾਂ ਨੇ ਇਹ ਗੱਲ ਸਮਝ ਲਈ ਹੈ, ਉਹਨਾਂ ਨੂੰ ਸੂਤਕ ਨਹੀਂ ਲੱਗਦਾ ॥੩॥
21392	473	ਪਉੜੀ॥		Pourree ||	Pauree:	
21393	473	ਸਤਿਗੁਰੁ ਵਡਾ ਕਰਿ ਸਾਲਾਹੀਐ ਜਿਸੁ ਵਿਚਿ ਵਡੀਆ ਵਡਿਆਈਆ॥		Sathigur Vaddaa Kar Saalaaheeai Jis Vich Vaddeeaa Vaddiaaeeaa ||	Praise the Great True Guru; within Him is the greatest greatness.	ਸਤਿਗੁਰੂ ਦੇ ਗੁਣ ਗਾਉਣੇ ਚਾਹੀਦੇ ਹਨ ਤੇ ਆਖਣਾ ਚਾਹੀਦਾ ਹੈ ਕਿ ਗੁਰੂ ਬਹੁਤ ਵੱਡਾ ਹੈ, ਕਿਉਂਕਿ ਗੁਰੂ ਵਿਚ ਵੱਡੇ ਗੁਣ ਹਨ।
21394	473	ਸਹਿ ਮੇਲੇ ਤਾ ਨਦਰੀ ਆਈਆ॥	(ਸਹਿ) ਖਸਮ ਹਰਿ ਜੀ	Sehi Maelae Thaa Nadharee Aaeeaa ||	When the Lord causes us to meet the Guru, then we come to see them.	ਜਿਨ੍ਹਾਂ ਮਨੁੱਖਾਂ ਨੂੰ ਪ੍ਰਭੂ-ਪਤੀ ਨੇ (ਗੁਰੂ ਨਾਲ) ਮਿਲਾਇਆ ਹੈ, ਉਹਨਾਂ ਨੂੰ ਉਹ ਗੁਣ ਅੱਖੀਂ ਦਿੱਸਦੇ ਹਨ,
21395	473	ਜਾ ਤਿਸੁ ਭਾਣਾ ਤਾ ਮਨਿ ਵਸਾਈਆ॥		Jaa This Bhaanaa Thaa Man Vasaaeeaa ||	When it pleases Him, they come to dwell in our minds.	ਅਤੇ ਜੇ ਪ੍ਰਭੂ ਨੂੰ ਭਾਵੇ ਤਾਂ ਉਹਨਾਂ ਦੇ ਮਨ ਵਿਚ ਭੀ ਗੁਣ ਵੱਸ ਪੈਂਦੇ ਹਨ।

21396	473	ਕਰਿ ਹੁਕਮੁ ਮਸਤਕਿ ਹਥੁ ਧਰਿ ਵਿਚਹੁ ਮਾਰਿ ਕਢੀਆ ਬੁਰਿਆਈਆ॥		Kar Hukam Masathak Hathh Dhhar Vichahu Maar Kadteeaa Buriaaeeaa ||	By His Command, when He places His hand on our foreheads, wickedness departs from within.	ਪ੍ਰਭੂ ਆਪਣੇ ਹੁਕਮ ਅਨੁਸਾਰ ਉਹਨਾਂ ਮਨੁੱਖਾਂ ਦੇ ਮੱਥੇ ਤੇ ਹੱਥ ਰੱਖ ਕੇ ਉਹਨਾਂ ਦੇ ਮਨ ਵਿਚੋਂ ਬੁਰਿਆਈਆਂ ਮਾਰ ਕੇ ਕੱਢ ਦੇਂਦਾ ਹੈ।
21397	473	ਸਹਿ ਤੁਠੈ ਨਉ ਨਿਧਿ ਪਾਈਆ॥੧੮॥		Sehi Thuthai No Nidhh Paaeeaa ||18||	When the Lord is thoroughly pleased, the nine treasures are obtained. ||18||	ਜੇ ਪਤੀ-ਪ੍ਰਭੂ ਪਰਸੰਨ ਹੋ ਪਏ, ਤਾਂ ਮਾਨੋ, ਸਾਰੇ ਪਦਾਰਥ ਮਿਲ ਪੈਂਦੇ ਹਨ ॥੧੮॥
21398	473	ਸਲੋਕੁ ਮਃ ੧॥		Salok Ma 1 ||	Shalok, First Mehl:	
21399	473	ਪਹਿਲਾ ਸੁਚਾ ਆਪਿ ਹੋਇ ਸੁਚੈ ਬੈਠਾ ਆਇ॥		Pehilaa Suchaa Aap Hoe Suchai Baithaa Aae ||	First, purifying himself, the Brahmin comes and sits in his purified enclosure.	ਸਭ ਤੋਂ ਪਹਿਲਾਂ (ਬ੍ਰਾਹਮਣ ਨ੍ਹਾ ਧੋ ਕੇ ਤੇ) ਸੁੱਚਾ ਹੋ ਕੇ ਸੁੱਚੇ ਚੌਕੇ ਉੱਤੇ ਆ ਬੈਠਦਾ ਹੈ,
21400	473	ਸੁਚੇ ਅਗੈ ਰਖਿਓਨੁ ਕੋਇ ਨ ਭਿਟਿਓ ਜਾਇ॥		Suchae Agai Rakhioun Koe N Bhittiou Jaae ||	The pure foods, which no one else has touched, are placed before him.	ਉਸ ਦੇ ਅੱਗੇ (ਜਜਮਾਨ) ਉਹ ਭੋਜਨ ਲਿਆ ਰੱਖਦਾ ਹੈ ਜਿਸ ਨੂੰ ਅਜੇ ਕਿਸੇ ਹੋਰ ਨੇ ਭਿੱਟਿਆ ਨਹੀਂ ਸੀ।
21401	473	ਸੁਚਾ ਹੋਇ ਕੈ ਜੇਵਿਆ ਲਗਾ ਪੜਣਿ ਸਲੋਕੁ॥	(ਜੇਵਿਆ) ਖਾਧਾ	Suchaa Hoe Kai Jaeviaa Lagaa Parran Salok ||	Being purified, he takes his food, and begins to read his sacred verses.	(ਬ੍ਰਾਹਮਣ) ਸੁੱਚਾ ਹੋ ਕੇ ਉਸ (ਸੁੱਚੇ) ਭੋਜਨ ਨੂੰ ਖਾਂਦਾ ਹੈ, ਤੇ (ਖਾ ਕੇ) ਸਲੋਕ ਪੜ੍ਹਨ ਲੱਗ ਪੈਂਦਾ ਹੈ;

21402	473	ਕੁਹਥੀ ਜਾਈ ਸਟਿਆ ਕਿਸੁ ਏਹੁ ਲਗਾ ਦੋਖੁ॥	(ਕੁਹਥੀ)ਅਪਵਿੱਤ੍ਰ। ਕੁਹਥੀ:ਪ ਲਾ ਬੋਲੋ। (ਜਾਈ) ਜਗ੍ਹਾ	Kuhathhee Jaaee Sattiaa Kis Eaehu Lagaa Dhokh ||	But it is then thrown into a filthy place - whose fault is this?	(ਪਰ ਇਸ ਪਵਿੱਤਰ ਭੋਜਨ ਨੂੰ) ਗੰਦੇ ਥਾਂ (ਭਾਵ ਢਿੱਡ ਵਿਚ) ਪਾ ਲੈਂਦਾ ਹੈ। (ਉਸ ਪਵਿੱਤਰ ਭੋਜਨ ਨੂੰ) ਗੰਦੇ ਥਾਂ (ਸੁੱਟਣ ਦਾ) ਦੋਸ਼ ਕਿਸ ਤੇ ਆਇਆ?
21403	473	ਅੰਨੁ ਦੇਵਤਾ ਪਾਣੀ ਦੇਵਤਾ ਬੈਸੰਤਰੁ ਦੇਵਤਾ ਲੂਣੁ ਪੰਜਵਾ ਪਾਇਆ ਘਿਰਤੁ॥	(ਦੇਵਤਾ)ਪਵਿੱਤ੍ਰ। (ਘਿਰਤੁ) ਘਿਉ	Ann Dhaevathaa Paanee Dhaevathaa Baisanthar Dhaevathaa Loon Panjavaa Paaeiaa Ghirath ||	The corn is sacred, the water is sacred; the fire and salt are sacred as well; when the fifth thing, the ghee, is added,	ਅੰਨ, ਪਾਣੀ, ਅੱਗ ਤੇ ਲੂਣ-ਚਾਰੇ ਹੀ ਦੇਵਤਾ ਹਨ (ਭਾਵ, ਪਵਿੱਤਰ ਪਦਾਰਥ ਹਨ), ਪੰਜਵਾਂ ਘਿਉ ਭੀ ਪਵਿੱਤਰ ਹੈ, ਜੋ ਇਹਨਾਂ ਚੌਹਾਂ ਵਿਚ ਪਾਈਦਾ ਹੈ।
21404	473	ਤਾ ਹੋਆ ਪਾਕੁ ਪਵਿਤੁ॥		Thaa Hoaa Paak Pavith ||	Then the food becomes pure and sanctified.	ਤਾਂ (ਭਾਵ, ਇਹਨਾਂ ਪੰਜਾਂ ਨੂੰ ਰਲਾਇਆਂ) ਬੜਾ ਪਵਿੱਤਰ ਭੋਜਨ ਤਿਆਰ ਹੁੰਦਾ ਹੈ।
21405	473	ਪਾਪੀ ਸਿਉ ਤਨੁ ਗਡਿਆ ਥੁਕਾ ਪਈਆ ਤਿਤੁ॥	(ਗੱਡਿਆ) ਮਿਲਿਆ। ਥੁੱਕਾਂ। ਪਈਆਂ	Paapee Sio Than Gaddiaa Thhukaa Peeaa Thith ||	Coming into contact with the sinful human body, the food becomes so impure that is is spat upon.	ਪਰ ਦੇਵਤਿਆਂ ਦੇ ਇਸ ਸਰੀਰ ਨੂੰ (ਭਾਵ, ਇਸ ਪਵਿੱਤਰ ਭੋਜਨ ਨੂੰ) ਪਾਪੀ (ਮਨੁੱਖ) ਨਾਲ ਸੰਗਤ ਹੁੰਦੀ ਹੈ, ਜਿਸ ਕਰਕੇ ਉਸ ਉੱਤੇ ਥੁੱਕਾਂ ਪੈਂਦੀਆਂ ਹਨ।
21406	473	ਜਿਤੁ ਮੁਖਿ ਨਾਮੁ ਨ ਊਚਰਹਿ ਬਿਨੁ ਨਾਵੈ ਰਸ ਖਾਹਿ॥		Jith Mukh Naam N Oocharehi Bin Naavai Ras Khaahi ||	That mouth which does not chant the Naam, and without the Name eats tasty foods	ਜਿਸ ਮੂੰਹ ਨਾਲ ਮਨੁੱਖ ਨਾਮ ਨਹੀਂ ਸਿਮਰਦੇ, ਤੇ ਨਾਮ ਸਿਮਰਨ ਤੋਂ ਬਿਨਾ ਸੁਆਦਲੇ ਪਦਾਰਥ ਖਾਂਦੇ ਹਨ,

21407	473	ਨਾਨਕ ਏਵੈ ਜਾਣੀਐ ਤਿਤੁ ਮੁਖਿ ਥੁਕਾ ਪਾਹਿ॥੧॥		Naanak Eaevai Jaaneeai Thith Mukh Thhukaa Paahi ||1||	- O Nanak, know this: such a mouth is to be spat upon. ||1||	ਹੇ ਨਾਨਕ! ਇਸੇ ਤਰ੍ਹਾਂ ਸਮਝ ਲੈਣਾ ਚਾਹੀਦਾ ਹੈ ਕਿ ਉਸ ਮੂੰਹ ਉਤੇ (ਭੀ) ਫਿਟਕਾਰਾਂ ਪੈਂਦੀਆਂ ਹਨ ॥੧॥
21408	473	ਮਃ ੧॥		Ma 1 ||	First Mehl:	
21409	473	ਭੰਡਿ ਜੰਮੀਐ ਭੰਡਿ ਨਿੰਮੀਐ ਭੰਡਿ ਮੰਗਣੁ ਵੀਆਹੁ॥	(ਭੰਡਿ) ਇਸਤ੍ਰੀ ਤੋਂ। (ਨਿੰਮੀਐ) ਗਰਭ ਚ ਟਿਕਦਾ	Bhandd Janmeeai Bhandd Ninmeeai Bhandd Mangan Veeaahu ||	From woman, man is born; within woman, man is conceived; to woman he is engaged and married.	ਇਸਤ੍ਰੀ ਤੋਂ ਜਨਮ ਲਈਦਾ ਹੈ, ਇਸਤ੍ਰੀ (ਦੇ ਪੇਟ) ਵਿਚ ਹੀ ਪ੍ਰਾਣੀ ਦਾ ਸਰੀਰ ਬਣਦਾ ਹੈ। ਇਸਤ੍ਰੀ ਦੀ (ਹੀ) ਰਾਹੀਂ ਕੁੜਮਾਈ ਤੇ ਵਿਆਹ ਹੁੰਦਾ ਹੈ।
21410	473	ਭੰਡਹੁ ਹੋਵੈ ਦੋਸਤੀ ਭੰਡਹੁ ਚਲੈ ਰਾਹੁ॥	ਚੱਲੈ	Bhanddahu Hovai Dhosathee Bhanddahu Chalai Raahu ||	Woman becomes his friend; through woman, the future generations come.	ਇਸਤ੍ਰੀ ਦੀ ਰਾਹੀਂ (ਹੋਰ ਲੋਕਾਂ ਨਾਲ) ਸੰਬੰਧ ਬਣਦਾ ਹੈ ਤੇ ਇਸਤ੍ਰੀ ਤੋਂ ਹੀ (ਜਗਤ ਦੀ ਉਤਪੱਤੀ ਦਾ) ਰਸਤਾ ਚੱਲਦਾ ਹੈ।
21411	473	ਭੰਡੁ ਮੁਆ ਭੰਡੁ ਭਾਲੀਐ ਭੰਡਿ ਹੋਵੈ ਬੰਧਾਨੁ॥	(ਬੰਧਾਨੁ) ਰਿਸ਼ਤੇਦਾਰੀਆਂ	Bhandd Muaa Bhandd Bhaaleeai Bhandd Hovai Bandhhaan ||	When his woman dies, he seeks another woman; to woman he is bound.	ਜੇ ਇਸਤ੍ਰੀ ਮਰ ਜਾਏ ਤਾਂ ਹੋਰ ਇਸਤ੍ਰੀ ਦੀ ਭਾਲ ਕਰੀਦੀ ਹੈ, ਇਸਤ੍ਰੀ ਤੋਂ ਹੀ (ਹੋਰਨਾਂ ਨਾਲ) ਰਿਸ਼ਤੇਦਾਰੀ ਬਣਦੀ ਹੈ।
21412	473	ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ॥		So Kio Mandhaa Aakheeai Jith Janmehi Raajaan ||	So why call her bad? From her, kings are born.	ਜਿਸ ਇਸਤ੍ਰੀ (ਜਾਤੀ) ਤੋਂ ਰਾਜੇ (ਭੀ) ਜੰਮਦੇ ਹਨ, ਉਸ ਨੂੰ ਮੰਦਾ ਆਖਣਾ ਠੀਕ ਨਹੀਂ ਹੈ।

21413	473	ਭੰਡਹੁ ਹੀ ਭੰਡੁ ਊਪਜੈ ਭੰਡੈ ਬਾਝੁ ਨ ਕੋਇ॥		Bhanddahu Hee Bhandd Oopajai Bhanddai Baajh N Koe ||	From woman, woman is born; without woman, there would be no one at all.	ਇਸਤ੍ਰੀ ਤੋਂ ਹੀ ਇਸਤ੍ਰੀ ਪੈਦਾ ਹੁੰਦੀ ਹੈ (ਜਗਤ ਵਿਚ) ਕੋਈ ਜੀਵ ਇਸਤ੍ਰੀ ਤੋਂ ਬਿਨਾ ਪੈਦਾ ਨਹੀਂ ਹੋ ਸਕਦਾ।
21414	473	ਨਾਨਕ ਭੰਡੈ ਬਾਹਰਾ ਏਕੋ ਸਚਾ ਸੋਇ॥		Naanak Bhanddai Baaharaa Eaeko Sachaa Soe ||	O Nanak, only the True Lord is without a woman.	ਹੇ ਨਾਨਕ! ਕੇਵਲ ਇਕ ਸੱਚਾ ਪ੍ਰਭੂ ਹੀ ਹੈ, ਜੋ ਇਸਤ੍ਰੀ ਤੋਂ ਨਹੀਂ ਜੰਮਿਆ।
21415	473	ਜਿਤੁ ਮੁਖਿ ਸਦਾ ਸਾਲਾਹੀਐ ਭਾਗਾ ਰਤੀ ਚਾਰਿ॥		Jith Mukh Sadhaa Saalaaheeai Bhaagaa Rathee Chaar ||	That mouth which praises the Lord continually is blessed and beautiful.	(ਭਾਵੇਂ ਮਨੁੱਖ ਹੋਵੇ, ਭਾਵੇਂ ਇਸਤ੍ਰੀ, ਜੋ ਭੀ) ਆਪਣੇ ਮੂੰਹ ਨਾਲ ਸਦਾ ਪ੍ਰਭੂ ਦੇ ਗੁਣ ਗਾਉਂਦਾ ਹੈ, ਉਸ ਦੇ ਮੱਥੇ ਉੱਤੇ ਭਾਗਾਂ ਦੀ ਮਣੀ ਹੈ, ਭਾਵ ਉਹਦਾ ਮੱਥਾ ਭਾਗਾਂ ਵਾਲਾ ਹੈ।
21416	473	ਨਾਨਕ ਤੇ ਮੁਖ ਊਜਲੇ ਤਿਤੁ ਸਚੈ ਦਰਬਾਰਿ॥੨॥		Naanak Thae Mukh Oojalae Thith Sachai Dharabaar ||2||	O Nanak, those faces shall be radiant in the Court of the True Lord. ||2||	ਹੇ ਨਾਨਕ! ਉਹੀ ਮੁਖ ਉਸੇ ਸੱਚੇ ਪ੍ਰਭੂ ਦੇ ਦਰਬਾਰ ਵਿਚ ਸੋਹਣੇ ਲੱਗਦੇ ਹਨ ॥੨॥
21417	473	ਪਉੜੀ॥		Pourree ||	Pauree:	
21418	473	ਸਭੁ ਕੋ ਆਖੈ ਆਪਣਾ ਜਿਸੁ ਨਾਹੀ ਸੋ ਚੁਣਿ ਕਢੀਐ॥		Sabh Ko Aakhai Aapanaa Jis Naahee So Chun Kadteeai ||	All call You their own, Lord; one who does not own You, is picked up and thrown away.	ਜਗਤ ਵਿਚ ਹਰੇਕ ਜੀਵ ਨੂੰ ਮਮਤਾ ਲੱਗੀ ਹੋਈ ਹੈ; ਜਿਸ ਨੂੰ ਮਮਤਾ ਨਹੀਂ ਉਹ ਚੁਣ ਕੇ ਵੱਖਰਾ ਕਰ ਵਿਖਾਓ, ਭਾਵ, ਕੋਈ ਵਿਰਲਾ ਹੈ ਜਿਸ ਨੂੰ ਮਮਤਾ ਨਹੀਂ ਹੈ।

21419	473	ਕੀਤਾ ਆਪੋ ਆਪਣਾ ਆਪੇ ਹੀ ਲੇਖਾ ਸੰਢੀਐ॥	(ਸੰਢੀਐ) ਭਰੀਦਾ	Keethaa Aapo Aapanaa Aapae Hee Laekhaa Sandteeai ||	Everyone receives the rewards of his own actions; his account is adjusted accordingly.	ਆਪੋ ਆਪਣੇ ਕੀਤੇ ਕਰਮਾਂ ਦਾ ਲੇਖਾ ਆਪ ਹੀ ਭਰਨਾ ਪੈਂਦਾ ਹੈ।
21420	473	ਜਾ ਰਹਣਾ ਨਾਹੀ ਐਤੁ ਜਗਿ ਤਾ ਕਾਇਤੁ ਗਾਰਬਿ ਹੰਢੀਐ॥	(ਐਤੁ) ਇਸ। (ਹੰਢੀਐ) ਵਰਤੀਏ	Jaa Rehanaa Naahee Aith Jag Thaa Kaaeith Gaarab Handteeai ||	Since one is not destined to remain in this world anyway, why should he ruin himself in pride?	ਜਦੋਂ ਇਸ ਜਗਤ ਵਿਚ ਸਦਾ ਰਹਿਣਾ ਹੀ ਨਹੀਂ ਹੈ, ਤਾਂ ਕਿਉਂ ਅਹੰਕਾਰ ਵਿਚ (ਪੈ ਕੇ) ਖਪੀਏ?
21421	473	ਮੰਦਾ ਕਿਸੈ ਨ ਆਖੀਐ ਪੜਿ ਅਖਰੁ ਏਹੋ ਬੁਝੀਐ॥	ਪੜ੍ਹਿ	Mandhaa Kisai N Aakheeai Parr Akhar Eaeho Bujheeai ||	Do not call anyone bad; read these words, and understand.	ਕੇਵਲ ਇਹ ਅੱਖਰ (ਭਾਵ, ਉਪਦੇਸ਼) ਪੜ੍ਹ ਕੇ ਸਮਝ ਲਈਏ ਕਿ ਕਿਸੇ ਨੂੰ ਮੰਦਾ ਨਹੀਂ ਆਖਣਾ ਚਾਹੀਦਾ,
21422	473	ਮੂਰਖੈ ਨਾਲਿ ਨ ਲੁਝੀਐ॥੧੯॥	(ਲੁੱਝੀਐ) ਝਗੜੀਏ	Moorakhai Naal N Lujheeai ||19||	Don't argue with fools. ||19||	ਅਤੇ ਮੂਰਖ ਨਾਲ ਨਹੀਂ ਝਗੜਣਾ ਚਾਹੀਦਾ ॥੧੯॥
21423	473	ਸਲੋਕੁ ਮਃ ੧॥		Salok Ma 1 ||	Shalok, First Mehl:	
21424	473	ਨਾਨਕ ਫਿਕੈ ਬੋਲਿਐ ਤਨੁ ਮਨੁ ਫਿਕਾ ਹੋਇ॥	ਫਿੱਕੈ । ਫਿੱਕਾ	Naanak Fikai Boliai Than Man Fikaa Hoe ||	O Nanak, speaking insipid words, the body and mind become insipid.	ਹੇ ਨਾਨਕ! ਜੇ ਮਨੁੱਖ ਰੁੱਖੇ ਬਚਨ ਬੋਲਦਾ ਰਹੇ, ਤਾਂ ਉਸ ਦਾ ਤਨ ਅਤੇ ਮਨ ਦੋਵੇਂ ਰੁੱਖੇ ਹੋ ਜਾਂਦੇ ਹਨ (ਭਾਵ, ਮਨੁੱਖ ਦੇ ਅੰਦਰੋਂ ਪ੍ਰੇਮ ਉੱਡ ਜਾਂਦਾ ਹੈ)।

21425	473	ਫਿਕੋ ਫਿਕਾ ਸਦੀਐ ਫਿਕੇ ਫਿਕੀ ਸੋਇ॥	ਫਿੱਕੋ। (ਸੋਇ) ਸੋਭਾ।	Fiko Fikaa Sadheeai Fikae Fikee Soe ||	He is called the most insipid of the insipid; the most insipid of the insipid is his reputation.	ਰੁੱਖਾ ਬੋਲਣ ਵਾਲਾ ਲੋਕਾਂ ਵਿਚ ਰੁੱਖਾ ਹੀ ਮਸ਼ਹੂਰ ਹੋ ਜਾਂਦਾ ਹੈ ਅਤੇ ਲੋਕ ਭੀ ਉਸ ਨੂੰ ਰੁੱਖੇ ਬਚਨਾਂ ਨਾਲ ਹੀ ਯਾਦ ਕਰਦੇ ਹਨ।
21426	473	ਫਿਕਾ ਦਰਗਹ ਸਟੀਐ ਮੁਹਿ ਥੁਕਾ ਫਿਕੇ ਪਾਇ॥		Fikaa Dharageh Satteeai Muhi Thhukaa Fikae Paae ||	The insipid person is discarded in the Court of the Lord, and the insipid one's face is spat upon.	ਰੁੱਖਾ (ਭਾਵ, ਪ੍ਰੇਮ ਤੋਂ ਸੱਖਣਾ) ਮਨੁੱਖ (ਪ੍ਰਭੂ ਦੀ) ਦਰਗਾਹ ਤੋਂ ਰੱਦਿਆ ਜਾਂਦਾ ਹੈ ਅਤੇ ਉਸ ਦੇ ਮੂੰਹ ਉੱਤੇ ਥੁੱਕਾਂ ਪੈਂਦੀਆਂ ਹਨ (ਭਾਵ, ਫਿਟਕਾਰਾਂ ਪੈਂਦੀਆਂ ਹਨ।
21427	473	ਫਿਕਾ ਮੂਰਖੁ ਆਖੀਐ ਪਾਣਾ ਲਹੈ ਸਜਾਇ॥੧॥	(ਪਾਣਾ) ਜੁੱਤੀਆਂ	Fikaa Moorakh Aakheeai Paanaa Lehai Sajaae ||1||	The insipid one is called a fool; he is beaten with shoes in punishment. ||1||	(ਪ੍ਰੇਮ-ਹੀਣ) ਰੁੱਖੇ ਮਨੁੱਖ ਨੂੰ ਮੂਰਖ ਆਖਣਾ ਚਾਹੀਦਾ ਹੈ, ਪ੍ਰੇਮ ਤੋਂ ਸੱਖਣੇ ਨੂੰ ਜੁੱਤੀਆਂ ਦੀ ਮਾਰ ਪੈਂਦੀ ਹੈ (ਭਾਵ, ਹਰ ਥਾਂ ਉਸ ਦੀ ਸਦਾ ਬੜੀ ਬੇਇੱਜ਼ਤੀ ਹੁੰਦੀ ਹੈ) ॥੧॥
21428	473	ਮਃ ੧॥	(ਪੈਜ) ਇੱਜ਼ਤ ਵਿਖਾਵੇ ਦੀ। (ਫੈਲੁ) ਵਿਖਾਵਾ	Ma 1 ||	First Mehl:	
21429	473	ਅੰਦਰਹੁ ਝੂਠੇ ਪੈਜ ਬਾਹਰਿ ਦੁਨੀਆ ਅੰਦਰਿ ਫੈਲੁ॥		Andharahu Jhoothae Paij Baahar Dhuneeaa Andhar Fail ||	Those who are false within, and honorable on the outside, are very common in this world.	ਜੋ ਮਨੁੱਖ ਮਨੋਂ ਤਾਂ ਝੂਠੇ ਹਨ, ਪਰ ਬਾਹਰ ਕੂੜੀ ਇੱਜ਼ਤ ਬਣਾਈ ਬੈਠੇ ਹਨ, ਅਤੇ ਜਗਤ ਵਿਚ ਵਿਖਾਵਾ ਬਣਾਈ ਰੱਖਦੇ ਹਨ,

21430	473	ਅਠਸਠਿ ਤੀਰਥ ਜੇ ਨਾਵਹਿ ਉਤਰੈ ਨਾਹੀ ਮੈਲੁ॥	ਅੱਠਸੱਠਿ।ਨ੍ਹਾਵਹਿ	Athasath Theerathh Jae Naavehi Outharai Naahee Mail ||	Even though they may bathe at the sixty-eight sacred shrines of pilgrimage, still, their filth does not depart.	ਉਹ ਭਾਵੇਂ ਅਠਾਹਠ ਤੀਰਥਾਂ ਉੱਤੇ (ਜਾ ਕੇ) ਇਸ਼ਨਾਨ ਕਰਨ, ਉਹਨਾਂ ਦੇ ਮਨ ਦੀ ਕਪਟ ਦੀ ਮੈਲ ਕਦੇ ਨਹੀਂ ਉਤਰਦੀ।
21431	473	ਜਿਨ੍ ਪਟੁ ਅੰਦਰਿ ਬਾਹਰਿ ਗੁਦੜੁ ਤੇ ਭਲੇ ਸੰਸਾਰਿ॥	(ਪੱਟੁ) ਸਾਫ਼ ਨਿਰਮਲ ਰੇਸ਼ਮ ਵਾਂਗ। (ਗੁਦੜੁ) ਗ੍ਰੀਬੀ ਚ ਪਾਟੀਆਂ ਲੀਰਾਂ ਵਾਂਗ	Jinh Patt Andhar Baahar Gudharr Thae Bhalae Sansaar ||	Those who have silk on the inside and rags on the outside, are the good ones in this world.	ਜਿਨ੍ਹਾਂ ਮਨੁੱਖਾਂ ਦੇ ਅੰਦਰ (ਕੋਮਲਤਾ ਤੇ ਪ੍ਰੇਮ ਰੂਪ) ਪੱਟ ਹੈ, ਪਰ ਬਾਹਰ (ਰੁੱਖਾ-ਪਨ ਰੂਪ) ਗੁੱਦੜ ਹੈ, ਜਗਤ ਵਿਚ ਉਹ ਬੰਦੇ ਨੇਕ ਹਨ;
21432	473	ਤਿਨ੍ ਨੇਹੁ ਲਗਾ ਰਬ ਸੇਤੀ ਦੇਖਨ੍ੇ ਵੀਚਾਰਿ॥		Thinh Naehu Lagaa Rab Saethee Dhaekhanhae Veechaar ||	They embrace love for the Lord, and contemplate beholding Him.	ਉਹਨਾਂ ਦਾ ਰੱਬ ਨਾਲ ਨੇਹੁ ਲੱਗਾ ਹੋਇਆ ਹੈ ਤੇ ਉਹ ਰੱਬ ਦਾ ਦੀਦਾਰ ਕਰਨ ਦੇ ਵਿਚਾਰ ਵਿਚ ਹੀ (ਸਦਾ ਜੁੜੇ ਰਹਿੰਦੇ ਹਨ)।
21433	473	ਰੰਗਿ ਹਸਹਿ ਰੰਗਿ ਰੋਵਹਿ ਚੁਪ ਭੀ ਕਰਿ ਜਾਹਿ॥	ਹੱਸ-ਹਿ	Rang Hasehi Rang Rovehi Chup Bhee Kar Jaahi ||	In the Lord's Love, they laugh, and in the Lord's Love, they weep, and also keep silent.	ਉਹ ਮਨੁੱਖ ਪ੍ਰਭੂ ਦੇ ਪਿਆਰ ਵਿਚ (ਰੱਤੇ ਹੋਏ ਕਦੇ) ਹੱਸਦੇ ਹਨ, ਪ੍ਰੇਮ ਵਿਚ ਹੀ (ਕਦੇ) ਰੋਂਦੇ ਹਨ, ਅਤੇ ਪ੍ਰੇਮ ਵਿਚ ਹੀ (ਕਦੇ) ਚੁੱਪ ਭੀ ਕਰ ਜਾਂਦੇ ਹਨ (ਭਾਵ, ਪ੍ਰੇਮ ਵਿਚ ਹੀ ਮਸਤ ਰਹਿੰਦੇ ਹਨ);
21434	473	ਪਰਵਾਹ ਨਾਹੀ ਕਿਸੈ ਕੇਰੀ ਬਾਝੁ ਸਚੇ ਨਾਹ॥		Paravaah Naahee Kisai Kaeree Baajh Sachae Naah ||	They do not care for anything else, except their True Husband Lord.	ਉਹਨਾਂ ਨੂੰ ਸੱਚੇ ਖਸਮ (ਪ੍ਰਭੂ) ਤੋਂ ਬਿਨਾ ਕਿਸੇ ਹੋਰ ਦੀ ਮੁਥਾਜੀ ਨਹੀਂ ਹੁੰਦੀ।

21435	473	ਦਰਿ ਵਾਟ ਉਪਰਿ ਖਰਚੁ ਮੰਗਾ ਜਬੈ ਦੇਇ ਤ ਖਾਹਿ॥		Dhar Vaatt Oupar Kharach Mangaa Jabai Dhaee Th Khaahi ||	Sitting, waiting at the Lord's Door, they beg for food, and when He gives to them, they eat.	ਜ਼ਿੰਦਗੀ-ਰੂਪ ਰਾਹੇ ਪਏ ਹੋਏ ਉਹ ਮਨੁੱਖ ਰੱਬ ਦੇ ਦਰ ਤੋਂ ਹੀ ਨਾਮ-ਰੂਪ ਖ਼ੁਰਾਕ ਮੰਗਦੇ ਹਨ, ਜਦੋਂ ਰੱਬ ਦੇਂਦਾ ਹੈ ਤਦੋਂ ਖਾਂਦੇ ਹਨ।
21436	473	ਦੀਬਾਨੁ ਏਕੋ ਕਲਮ ਏਕਾ ਹਮਾ ਤੁਮ੍ਹਾ ਮੇਲੁ॥	(ਦੀਬਾਨੁ) ਦਰਬਾਰ	Dheebaan Eaeko Kalam Eaekaa Hamaa Thumhaa Mael ||	There is only One Court of the Lord, and He has only one pen; there, you and I shall meet.	(ਉਹਨਾਂ ਨੂੰ ਇਹ ਨਿਸ਼ਚਾ ਹੈ) ਕਿ ਪ੍ਰਭੂ ਆਪ ਹੀ ਫ਼ੈਸਲਾ ਕਰਨ ਵਾਲਾ ਹੈ ਤੇ ਆਪ ਹੀ ਲੇਖਾ ਲਿਖਣ ਵਾਲਾ ਹੈ, ਸਾਰੇ ਚੰਗੇ ਮੰਦੇ ਜੀਵਾਂ ਦਾ ਮੇਲਾ ਉਸੇ ਦੇ ਦਰ ਤੇ ਹੁੰਦਾ ਹੈ;
21437	473	ਦਰਿ ਲਏ ਲੇਖਾ ਪੀੜਿ ਛੁਟੈ ਨਾਨਕਾ ਜਿਉ ਤੇਲੁ॥੨॥		Dhar Leae Laekhaa Peerr Shhuttai Naanakaa Jio Thael ||2||	In the Court of the Lord, the accounts are examined; O Nanak, the sinners are crushed, like oil seeds in the press. ||2||	ਹੇ ਨਾਨਕ! ਪ੍ਰਭੂ ਸਭ ਤੋਂ (ਕੀਤੇ ਕਰਮਾਂ ਦਾ) ਲੇਖਾ ਮੰਗਦਾ ਹੈ ਤੇ ਮੰਦੇ ਮਨੁੱਖਾਂ ਨੂੰ ਇਉਂ ਪੀੜ ਸੁੱਟਦਾ ਹੈ ਜਿਵੇਂ ਤੇਲ (ਭਾਵ, ਉਹਨਾਂ ਦੇ ਮੰਦੇ ਸੰਸਕਾਰ ਅੰਦਰੋਂ ਕੱਢਣ ਲਈ ਉਹਨਾਂ ਨੂੰ ਦੁੱਖਾਂ ਰੂਪ ਕੋਹਲੂ ਵਿਚ ਪਾ ਕੇ ਪੀੜਦਾ ਹੈ) ॥੨॥
21438	474	ਪਉੜੀ॥	(ਕਲ)ਸ਼ਕਤੀ। ਤੈਂ	Pourree ||	Pauree:	
21439	474	ਆਪੇ ਹੀ ਕਰਣਾ ਕੀਓ ਕਲ ਆਪੇ ਹੀ ਤੈ ਧਾਰੀਐ॥		Aapae Hee Karanaa Keeou Kal Aapae Hee Thai Dhhaareeai ||	You Yourself created the creation; You Yourself infused Your power into it.	(ਹੇ ਪ੍ਰਭੂ!) ਤੂੰ ਆਪ ਹੀ ਇਹ ਸ੍ਰਿਸ਼ਟੀ ਰਚੀ ਹੈ ਅਤੇ ਤੂੰ ਆਪ ਹੀ ਇਸ ਵਿਚ (ਜਿੰਦ ਰੂਪ) ਸੱਤਿਆ ਪਾਈ ਹੈ।

21440	474	ਦੇਖਹਿ ਕੀਤਾ ਆਪਣਾ ਧਰਿ ਕਚੀ ਪਕੀ ਸਾਰੀਐ॥	(ਧਰਿ) ਰਚ ਕੇ। (ਸਾਰੀਐ) ਜੀਵ ਰੂਪੀ ਨਰਦਾਂ ਸੰਸਾਰ ਦੀ ਚੌਪੜ ਖੇਡ ਚ	Dhaekhehi Keethaa Aapanaa Dhhar Kachee Pakee Saareeai ||	You behold Your creation, like the losing and winning dice of the earth.	ਚੰਗੇ ਮੰਦੇ ਜੀਵਾਂ ਨੂੰ ਪੈਦਾ ਕਰ ਕੇ, ਆਪਣੇ ਪੈਦਾ ਕੀਤੇ ਹੋਇਆਂ ਦੀ ਤੂੰ ਆਪ ਹੀ ਸੰਭਾਲ ਕਰ ਰਿਹਾ ਹੈਂ।
21441	474	ਜੋ ਆਇਆ ਸੋ ਚਲਸੀ ਸਭੁ ਕੋਈ ਆਈ ਵਾਰੀਐ॥		Jo Aaeiaa So Chalasee Sabh Koee Aaee Vaareeai ||	Whoever has come, shall depart; all shall have their turn.	ਜੋ ਸੰਸਾਰ ਤੇ ਜਨਮ ਲੈ ਕੇ ਆਇਆ ਹੈ, ਉਸ ਦੀ ਮੌਤ ਵੀ ਅਵੱਸ਼ ਹੋਵੇਗੀ। ਇਹ ਮਤ ਦੀ ਵਾਰੀ ਸਭ ਨੂੰ ਆਉਣ ਵਾਲੀ ਹੈ।
21442	474	ਜਿਸ ਕੇ ਜੀਅ ਪਰਾਣ ਹਹਿ ਕਿਉ ਸਾਹਿਬੁ ਮਨਹੁ ਵਿਸਾਰੀਐ॥		Jis Kae Jeea Paraan Hehi Kio Saahib Manahu Visaareeai ||	He who owns our soul, and our very breath of life - why should we forget that Lord and Master from our minds?	ਜਿਸ ਪ੍ਰਭੂ ਦੇ ਦਿੱਤੇ ਹੋਏ ਇਹ ਜਿੰਦ ਤੇ ਪ੍ਰਾਣ ਹਨ, ਉਸ ਮਾਲਕ ਨੂੰ ਮਨ ਤੋਂ ਕਦੇ ਭੁਲਾਣਾ ਨਹੀਂ ਚਾਹੀਦਾ।
21443	474	ਆਪਣ ਹਥੀ ਆਪਣਾ ਆਪੇ ਹੀ ਕਾਜੁ ਸਵਾਰੀਐ॥੨੦॥	ਹੱਥੀਂ	Aapan Hathhee Aapanaa Aapae Hee Kaaj Savaareeai ||20||	With our own hands, let us resolve our own affairs. ||20||	(ਜਿਤਨਾ ਚਿਰ ਇਹ ਜਿੰਦ ਤੇ ਪ੍ਰਾਣ ਮਿਲੇ ਹੋਏ ਹਨ, ਉੱਦਮ ਕਰ ਕੇ) ਆਪਣੇ ਹੱਥਾਂ ਨਾਲ ਆਪਣਾ ਕੰਮ ਆਪ ਹੀ ਸੁਆਰਨਾ ਚਾਹੀਦਾ ਹੈ (ਭਾਵ, ਇਹ ਮਨੁੱਖਾ-ਜਨਮ ਹਰੀ ਦੇ ਸਿਮਰਨ ਨਾਲ ਸਫਲ ਕਰਨਾ ਚਾਹੀਦਾ ਹੈ) ॥੨੦॥
21444	474	ਸਲੋਕੁ ਮਹਲਾ ੨॥		Salok Mehalaa 2 ||	Shalok, Second Mehl:	

21445	474	ਏਹ ਕਿਨੇਹੀ ਆਸਕੀ ਦੂਜੈ ਲਗੈ ਜਾਇ॥		Eaeh Kinaehee Aasakee Dhoojai Lagai Jaae ||	What sort of love is this, which clings to duality?	(ਜੇ ਕੋਈ ਪ੍ਰੇਮੀ ਜੀਊੜਾ ਆਪਣੇ ਪਿਆਰੇ ਤੋਂ ਬਿਨਾ) ਕਿਸੇ ਹੋਰ ਵਿਚ (ਭੀ) ਚਿੱਤ ਜੋੜ ਲਏ, ਤਾਂ ਉਸ ਦੇ ਇਸ਼ਕ ਨੂੰ ਸੱਚਾ ਇਸ਼ਕ ਨਹੀਂ ਆਖਿਆ ਜਾ ਸਕਦਾ।
21446	474	ਨਾਨਕ ਆਸਕੁ ਕਾਂਢੀਐ ਸਦ ਹੀ ਰਹੈ ਸਮਾਇ॥	(ਕਾਂਢੀਐ) ਕਿਹਾ ਜਾਂਦਾ	Naanak Aasak Kaandteeai Sadh Hee Rehai Samaae ||	O Nanak, he alone is called a lover, who remains forever immersed in absorption.	ਹੇ ਨਾਨਕ! ਉਹੀ ਮਨੁੱਖ ਸੱਚਾ ਆਸ਼ਕ ਕਿਹਾ ਜਾ ਸਕਦਾ ਹੈ ਜੋ ਹਰ ਵੇਲੇ (ਆਪਣੇ ਹੀ ਪ੍ਰੀਤਮ ਦੀ ਯਾਦ ਵਿਚ) ਡੁੱਬਾ ਰਹੇ।
21447	474	ਚੰਗੈ ਚੰਗਾ ਕਰਿ ਮੰਨੇ ਮੰਦੈ ਮੰਦਾ ਹੋਇ॥		Changai Changaa Kar Mannae Mandhai Mandhaa Hoe ||	But one who feels good only when good is done for him, and feels bad when things go badly	(ਆਪਣੇ ਪਿਆਰੇ ਵਲੋਂ ਹੋਏ ਕਿਸੇ) ਚੰਗੇ (ਕੰਮ) ਨੂੰ ਤੱਕ ਕੇ ਆਖੇ ਕਿ ਇਹ ਚੰਗਾ ਕੰਮ ਹੈ, ਪਰ ਮਾੜੇ ਕੰਮ ਨੂੰ ਵੇਖ ਕੇ ਆਖੇ ਕਿ ਇਹ ਮਾੜਾ ਕੰਮ ਹੈ (ਭਾਵ, ਆਪਣੇ ਵਲੋਂ ਆਏ ਕਿਸੇ ਸੁਖ ਨੂੰ ਤਾਂ ਹੱਸ ਕੇ ਕਬੂਲ ਕਰੇ, ਪਰ ਦੁੱਖ ਨੂੰ ਵੇਖ ਕੇ ਘਾਬਰ ਜਾਏ),
21448	474	ਆਸਕੁ ਏਹੁ ਨ ਆਖੀਐ ਜਿ ਲੇਖੈ ਵਰਤੈ ਸੋਇ॥੧॥		Aasak Eaehu N Aakheeai J Laekhai Varathai Soe ||1||	- do not call him a lover. He trades only for his own account. ||1||	ਉਹ ਮਨੁੱਖ ਭੀ, ਹੇ ਨਾਨਕ! ਸੱਚਾ ਆਸ਼ਕ ਨਹੀਂ ਕਿਹਾ ਜਾ ਸਕਦਾ, ਕਿਉਂਕਿ ਉਹ ਲੇਖੇ ਗਿਣ ਗਿਣ ਕੇ ਪਿਆਰ ਦੀ ਸਾਂਝ ਬਣਾਂਦਾ ਹੈ ॥੧॥
21449	474	ਮਹਲਾ ੨॥		Mehalaa 2 ||	Second Mehl:	

21450	474	ਸਲਾਮੁ ਜਬਾਬੁ ਦੋਵੈ ਕਰੇ ਮੁੰਢਹੁ ਘੁਥਾ ਜਾਇ॥	(ਮੁੰਢਹੁ) ਮੁੱਢ ਹਰਿ ਜੀ। (ਘੁੱਥਾ) ਭੁੱਲਿਆ	Salaam Jabaab Dhovai Karae Mundtahu Ghuthhaa Jaae ||	One who offers both respectful greetings and rude refusal to his master, has gone wrong from the very beginning.	(ਜੋ ਮਨੁੱਖ ਆਪਣੇ ਮਾਲਕ ਪ੍ਰਭੂ ਦੇ ਹੁਕਮ ਅੱਗੇ ਕਦੇ ਤਾਂ) ਸਿਰ ਨਿਵਾਂਦਾ ਹੈ, ਅਤੇ ਕਦੇ (ਉਸ ਦੇ ਕੀਤੇ ਉੱਤੇ) ਇਤਰਾਜ਼ ਕਰਦਾ ਹੈ, ਉਹ (ਮਾਲਕ ਦੀ ਰਜ਼ਾ ਦੇ ਰਾਹ ਉੱਤੇ ਤੁਰਨ ਤੋਂ) ਉੱਕਾ ਹੀ ਖੁੰਝਿਆ ਜਾ ਰਿਹਾ ਹੈ।
21451	474	ਨਾਨਕ ਦੋਵੈ ਕੂੜੀਆ ਥਾਇ ਨ ਕਾਈ ਪਾਇ॥੨॥		Naanak Dhovai Koorreeaa Thhaae N Kaaee Paae ||2||	O Nanak, both of his actions are false; he obtains no place in the Court of the Lord. ||2||	ਹੇ ਨਾਨਕ! ਸਿਰ ਨਿਵਾਣਾ ਅਤੇ ਇਤਰਾਜ਼ ਕਰਨਾ-ਦੋਵੇਂ ਹੀ ਝੂਠੇ ਹਨ, ਇਹਨਾਂ ਦੋਹਾਂ ਵਿਚੋਂ ਕੋਈ ਗੱਲ ਭੀ (ਮਾਲਕ ਦੇ ਦਰ ਤੇ) ਕਬੂਲ ਨਹੀਂ ਹੁੰਦੀ ॥੨॥
21452	474	ਪਉੜੀ॥		Pourree ||	Pauree:	
21453	474	ਜਿਤੁ ਸੇਵਿਐ ਸੁਖੁ ਪਾਈਐ ਸੋ ਸਾਹਿਬੁ ਸਦਾ ਸਮ੍ਹਾਲੀਐ॥		Jith Saeviai Sukh Paaeeai So Saahib Sadhaa Samhaaleeai ||	Serving Him, peace is obtained; meditate and dwell upon that Lord and Master forever.	ਜਿਸ ਮਾਲਕ ਦਾ ਸਿਮਰਨ ਕੀਤਿਆਂ ਸੁਖ ਮਿਲਦਾ ਹੈ, ਉਸ ਮਾਲਕ ਨੂੰ ਸਦਾ ਯਾਦ ਰੱਖਣਾ ਚਾਹੀਦਾ ਹੈ।
21454	474	ਜਿਤੁ ਕੀਤਾ ਪਾਈਐ ਆਪਣਾ ਸਾ ਘਾਲ ਬੁਰੀ ਕਿਉ ਘਾਲੀਐ॥		Jith Keethaa Paaeeai Aapanaa Saa Ghaal Buree Kio Ghaaleeai ||	Why do you do such evil deeds, that you shall have to suffer so?	ਜਦੋਂ ਮਨੁੱਖ ਨੇ ਆਪਣੇ ਕੀਤੇ ਦਾ ਫਲ ਆਪ ਭੋਗਣਾ ਹੈ ਤਾਂ ਫੇਰ ਕੋਈ ਮਾੜੀ ਕਮਾਈ ਨਹੀਂ ਕਰਨੀ ਚਾਹੀਦੀ (ਜਿਸ ਦਾ ਮਾੜਾ ਫਲ ਭੋਗਣਾ ਪਏ)।

21455	474	ਮੰਦਾ ਮੂਲਿ ਨ ਕੀਚਈ ਦੇ ਲੰਮੀ ਨਦਰਿ ਨਿਹਾਲੀਐ॥		Mandhaa Mool N Keechee Dhae Lanmee Nadhar Nihaaleeai ||	Do not do any evil at all; look ahead to the future with foresight.	ਮਾੜਾ ਕੰਮ ਭੁੱਲ ਕੇ ਭੀ ਨਾ ਕਰੀਏ, ਡੂੰਘੀ (ਵਿਚਾਰ ਵਾਲੀ) ਨਜ਼ਰ ਮਾਰ ਕੇ ਤੱਕ ਲਈਏ (ਕਿ ਇਸ ਮਾੜੇ ਕੰਮ ਦਾ ਸਿੱਟਾ ਕੀਹ ਨਿਕਲੇਗਾ)।
21456	474	ਜਿਉ ਸਾਹਿਬ ਨਾਲਿ ਨ ਹਾਰੀਐ ਤੇਵੇਹਾ ਪਾਸਾ ਢਾਲੀਐ॥		Jio Saahib Naal N Haareeai Thaevaehaa Paasaa Dtaaleeai ||	So throw the dice in such a way, that you shall not lose with your Lord and Master.	ਕੋਈ ਇਹੋ ਜਿਹਾ ਉੱਦਮ ਕਰਨਾ ਚਾਹੀਦਾ ਹੈ, ਜਿਸ ਕਰਕੇ (ਪ੍ਰਭੂ) ਖਸਮ ਨਾਲੋਂ (ਪ੍ਰੀਤ) ਨਾ ਟੁੱਟ ਜਾਏ।
21457	474	ਕਿਛੁ ਲਾਹੇ ਉਪਰਿ ਘਾਲੀਐ॥੨੧॥		Kishh Laahae Oupar Ghaaleeai ||21||	Do those deeds which shall bring you profit. ||21||	(ਮਨੁੱਖਾ-ਜਨਮ ਪਾ ਕੇ) ਕੋਈ ਨਫ਼ੇ ਵਾਲੀ ਘਾਲ ਕਮਾਈ ਕਰਨੀ ਚਾਹੀਦੀ ਹੈ ॥੨੧॥
21458	474	ਸਲੋਕੁ ਮਹਲਾ ੨॥		Salok Mehalaa 2 ||	Shalok, Second Mehl:	
21459	474	ਚਾਕਰੁ ਲਗੈ ਚਾਕਰੀ ਨਾਲੇ ਗਾਰਬੁ ਵਾਦੁ॥	(ਗਾਰਬੁ) ਹੰਕਾਰ। (ਵਾਦੁ) ਝਗੜਾ	Chaakar Lagai Chaakaree Naalae Gaarab Vaadh ||	If a servant performs service, while being vain and argumentative,	ਜੋ ਕੋਈ ਨੌਕਰ ਆਪਣੇ ਮਾਲਕ ਦੀ ਨੌਕਰੀ ਭੀ ਕਰੇ, ਤੇ ਨਾਲ ਨਾਲ ਆਪਣੇ ਮਾਲਕ ਅੱਗੇ ਆਕੜ ਦੀਆਂ ਗੱਲਾਂ ਭੀ ਕਰੀ ਜਾਏ,
21460	474	ਗਲਾ ਕਰੇ ਘਣੇਰੀਆ ਖਸਮ ਨ ਪਾਏ ਸਾਦੁ॥	ਗੱਲਾਂ	Galaa Karae Ghanaereeaa Khasam N Paaeae Saadh ||	He may talk as much as he wants, but he shall not be pleasing to his Master.	ਅਤੇ ਇਹੋ ਜਿਹੀਆਂ ਬਾਹਰਲੀਆਂ ਗੱਲਾਂ ਮਾਲਕ ਦੇ ਸਾਮ੍ਹਣੇ ਕਰੇ, ਤਾਂ ਉਹ ਨੌਕਰ ਮਾਲਕ ਦੀ ਖ਼ੁਸ਼ੀ ਹਾਸਲ ਨਹੀਂ ਕਰ ਸਕਦਾ।

21461	474	ਆਪੁ ਗਵਾਇ ਸੇਵਾ ਕਰੇ ਤਾ ਕਿਛੁ ਪਾਏ ਮਾਨੁ॥	(ਆਪੁ) ਹੰਕਾਰ	Aap Gavaae Saevaa Karae Thaa Kishh Paaeae Maan ||	But if he eliminates his self-conceit and then performs service, he shall be honored.	ਮਨੁੱਖ ਆਪਣਾ ਆਪ ਮਿਟਾ ਕੇ (ਮਾਲਕ ਦੀ) ਸੇਵਾ ਕਰੇ ਤਾਂ ਹੀ ਉਸ ਨੂੰ (ਮਾਲਕ ਦੇ ਦਰ ਤੋਂ) ਕੁਝ ਆਦਰ ਮਿਲਦਾ ਹੈ,
21462	474	ਨਾਨਕ ਜਿਸ ਨੋ ਲਗਾ ਤਿਸੁ ਮਿਲੈ ਲਗਾ ਸੋ ਪਰਵਾਨੁ॥੧॥	ਲੱਗਾ	Naanak Jis No Lagaa This Milai Lagaa So Paravaan ||1||	O Nanak, if he merges with the one with whom he is attached, his attachment becomes acceptable. ||1||	ਤਾਂ ਹੀ, ਹੇ ਨਾਨਕ! ਉਹ ਮਨੁੱਖ ਆਪਣੇ ਉਸ ਮਾਲਕ ਨੂੰ ਮਿਲ ਪੈਂਦਾ ਹੈ ਜਿਸ ਦੀ ਸੇਵਾ ਵਿਚ ਲੱਗਾ ਹੋਇਆ ਹੈ। (ਆਪਣਾ ਆਪ ਗੁਆ ਕੇ ਸੇਵਾ ਵਿਚ) ਲੱਗਾ ਹੋਇਆ ਮਨੁੱਖ ਹੀ (ਮਾਲਕ ਦੇ ਦਰ ਤੇ) ਕਬੂਲ ਹੁੰਦਾ ਹੈ ॥੧॥
21463	474	ਮਹਲਾ ੨॥		Mehalaa 2 ||	Second Mehl:	
21464	474	ਜੋ ਜੀਇ ਹੋਇ ਸੁ ਉਗਵੈ ਮੁਹ ਕਾ ਕਹਿਆ ਵਾਉ॥	(ਉਗਵੈ) ਪ੍ਰਗਟ ਹੁੰਦਾ। (ਵਾਉ) ਵਿਅਰਥ। ਜੀ-ਇ	Jo Jeee Hoe S Ougavai Muh Kaa Kehiaa Vaao ||	Whatever is in the mind, comes forth; spoken words by themselves are just wind.	ਜੋ ਕੁਝ ਮਨੁੱਖ ਦੇ ਦਿਲ ਵਿਚ ਹੁੰਦਾ ਹੈ, ਉਹੀ ਪਰਗਟ ਹੁੰਦਾ ਹੈ, (ਭਾਵ, ਜਿਹੋ ਜਿਹੀ ਮਨੁੱਖ ਦੀ ਨੀਯਤ ਹੁੰਦੀ ਹੈ, ਤਿਹੋ ਜਿਹਾ ਉਸ ਨੂੰ ਫਲ ਲੱਗਦਾ ਹੈ), (ਜੇ ਅੰਦਰ ਨੀਯਤ ਕੁਝ ਹੋਰ ਹੋਵੇ, ਤਾਂ ਉਸ ਦੇ ਉਲਟ) ਮੂੰਹੋਂ ਆਖ ਦੇਣਾ ਵਿਅਰਥ ਹੈ।
21465	474	ਬੀਜੇ ਬਿਖੁ ਮੰਗੈ ਅੰਮ੍ਰਿਤੁ ਵੇਖਹੁ ਏਹੁ ਨਿਆਉ॥੨॥		Beejae Bikh Mangai Anmrith Vaekhahu Eaehu Niaao ||2||	He sows seeds of poison, and demands Ambrosial Nectar. Behold - what justice is this? ||2||	ਇਹ ਕੇਡੀ ਅਚਰਜ ਗੱਲ ਹੈ ਕਿ ਮਨੁੱਖ ਬੀਜਦਾ ਤਾਂ ਜ਼ਹਿਰ ਹੈ (ਭਾਵ, ਨੀਯਤ ਤਾਂ ਵਿਕਾਰਾਂ ਵਲ ਹੈ) (ਪਰ ਉਸ ਦੇ ਫਲ ਵਜੋਂ) ਮੰਗਦਾ ਅੰਮ੍ਰਿਤ ਹੈ ॥੨॥

21466	474	ਮਹਲਾ ੨॥		Mehalaa 2 ||	Second Mehl:	
21467	474	ਨਾਲਿ ਇਆਣੇ ਦੋਸਤੀ ਕਦੇ ਨ ਆਵੈ ਰਾਸਿ॥	(ਰਾਸਿ) ਦਰੁਸਤ	Naal Eiaanae Dhosathee Kadhae N Aavai Raas ||	Friendship with a fool never works out right.	ਕੋਈ ਭੀ ਮਨੁੱਖ ਪਰਖ ਕੇ ਵੇਖ ਲਏ, ਕਿਸੇ ਅੰਞਾਣ ਨਾਲ ਲਾਈ ਹੋਈ ਮਿੱਤਰਤਾ ਕਦੇ ਸਿਰੇ ਨਹੀਂ ਚੜ੍ਹਦੀ,
21468	474	ਜੇਹਾ ਜਾਣੈ ਤੇਹੋ ਵਰਤੈ ਵੇਖਹੁ ਕੋ ਨਿਰਜਾਸਿ॥	(ਨਿਰਜਾਸਿ) ਨਿਰਣਾ ਕਰਕੇ	Jaehaa Jaanai Thaeho Varathai Vaekhahu Ko Nirajaas ||	As he knows, he acts; behold, and see that it is so.	ਕਿਉਂਕਿ ਉਸ ਅੰਞਾਣ ਦਾ ਰਵੱਈਆ ਉਹੋ ਜਿਹਾ ਹੀ ਰਹਿੰਦਾ ਹੈ ਜਿਹੋ ਜਹੀ ਉਸ ਦੀ ਸਮਝ ਹੁੰਦੀ ਹੈ; (ਇਸੇ ਤਰ੍ਹਾਂ ਇਸ ਮੂਰਖ ਮਨ ਦੇ ਆਖੇ ਲੱਗਿਆਂ ਕਦੇ ਲਾਭ ਨਹੀਂ ਹੁੰਦਾ, ਇਹ ਮਨ ਆਪਣੀ ਸਮਝ ਅਨੁਸਾਰ ਵਿਕਾਰਾਂ ਵਲ ਹੀ ਲਈ ਫਿਰਦਾ ਹੈ)।
21469	474	ਵਸਤੂ ਅੰਦਰਿ ਵਸਤੁ ਸਮਾਵੈ ਦੂਜੀ ਹੋਵੈ ਪਾਸਿ॥	(ਪਾਸਿ) ਪਾਸੇ	Vasathoo Andhar Vasath Samaavai Dhoojee Hovai Paas ||	One thing can be absorbed into another thing, but duality keeps them apart.	ਕਿਸੇ ਇਕ ਚੀਜ਼ ਵਿਚ ਕੋਈ ਹੋਰ ਚੀਜ਼ ਤਾਂ ਹੀ ਪੈ ਸਕਦੀ ਹੈ, ਜੇ ਉਸ ਵਿਚੋਂ ਪਹਿਲੀ ਪਈ ਹੋਈ ਚੀਜ਼ ਕੱਢ ਲਈ ਜਾਏ; (ਇਸੇ ਤਰ੍ਹਾਂ ਇਸ ਮਨ ਨੂੰ ਪ੍ਰਭੂ ਵਲ ਜੋੜਨ ਲਈ ਇਹ ਜ਼ਰੂਰੀ ਹੈ ਕਿ ਇਸ ਦਾ ਪਹਿਲਾ ਸੁਭਾਉ ਤਬਦੀਲ ਕੀਤਾ ਜਾਏ)।

21470	474	ਸਾਹਿਬ ਸੇਤੀ ਹੁਕਮੁ ਨ ਚਲੈ ਕਹੀ ਬਣੈ ਅਰਦਾਸਿ॥	(ਸੇਤੀ) ਨਾਲ। ਚੱਲੈ	Saahib Saethee Hukam N Chalai Kehee Banai Aradhaas ||	No one can issue commands to the Lord Master; offer instead humble prayers.	ਖਸਮ ਨਾਲ ਹੁਕਮ ਕੀਤਾ ਹੋਇਆ ਕਾਮਯਾਬ ਨਹੀਂ ਹੋ ਸਕਦਾ, ਉਸ ਦੇ ਅੱਗੇ ਤਾਂ ਨਿਮ੍ਰਤਾ ਹੀ ਫਬਦੀ ਹੈ।
21471	474	ਕੂੜਿ ਕਮਾਣੈ ਕੂੜੋ ਹੋਵੈ ਨਾਨਕ ਸਿਫਤਿ ਵਿਗਾਸਿ॥੩॥	(ਕਮਾਣੈ) ਕਮਾਈ ਕੀਤਿਆਂ। (ਵਿਗਾਸਿ) ਖੇੜਾ	Koorr Kamaanai Koorro Hovai Naanak Sifath Vigaas ||3||	Practicing falsehood, only falsehood is obtained. O Nanak, through the Lord's Praise, one blossoms forth. ||3||	ਹੇ ਨਾਨਕ! ਧੋਖੇ ਦਾ ਕੰਮ ਕੀਤਿਆਂ ਧੋਖਾ ਹੀ ਹੁੰਦਾ ਹੈ, (ਭਾਵ, ਜਿਤਨਾ ਚਿਰ ਮਨੁੱਖ ਦੁਨੀਆ ਦੇ ਧੰਦਿਆਂ ਵਿਚ ਲੱਗਾ ਰਹਿੰਦਾ ਹੈ, ਉਤਨਾ ਚਿਰ ਚਿੰਤਾ ਵਿਚ ਹੀ ਫਸਿਆ ਰਹਿੰਦਾ ਹੈ, ਮਨ) ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤਿਆਂ ਹੀ ਖਿੜਾਉ ਵਿਚ ਆਉਂਦਾ ਹੈ ॥੩॥
21472	474	ਮਹਲਾ ੨॥		Mehalaa 2 ||	Second Mehl:	
21473	474	ਨਾਲਿ ਇਆਣੇ ਦੋਸਤੀ ਵਡਾਰੂ ਸਿਉ ਨੇਹੁ॥	(ਵਡਾਰੂ) ਵੱਡਾ ਅਪਣੇ ਤੋਂ	Naal Eiaanae Dhosathee Vaddaaroo Sio Naehu ||	Friendship with a fool, and love with a pompous person,	ਅੰਞਾਣ ਨਾਲ ਮਿੱਤਰਤਾ, ਜਾਂ ਆਪਣੇ ਨਾਲੋਂ ਵੱਡੇ ਨਾਲ ਪਿਆਰ-
21474	474	ਪਾਣੀ ਅੰਦਰਿ ਲੀਕ ਜਿਉ ਤਿਸ ਦਾ ਥਾਉ ਨ ਥੇਹੁ॥੪॥		Paanee Andhar Leek Jio This Dhaa Thhaao N Thhaehu ||4||	Are like lines drawn in water, leaving no trace or mark. ||4||	ਇਹ ਇਉਂ ਹਨ ਜਿਵੇਂ ਪਾਣੀ ਵਿਚ ਲੀਕ ਹੈ, ਉਸ ਲੀਕ ਦਾ ਕੋਈ ਨਿਸ਼ਾਨ ਨਹੀਂ ਰਹਿੰਦਾ ॥੪॥
21475	474	ਮਹਲਾ ੨॥		Mehalaa 2 ||	Second Mehl:	

21476	474	ਹੋਇ ਇਆਣਾ ਕਰੇ ਕੰਮੁ ਆਣਿ ਨ ਸਕੈ ਰਾਸਿ॥		Hoe Eiaanaa Karae Kanm Aan N Sakai Raas ||	If a fool does a job, he cannot do it right.	ਜੇ ਕੋਈ ਅੰਞਾਣ ਹੋਵੇ ਤੇ ਉਹ ਕੋਈ ਕੰਮ ਕਰੇ, ਉਹ ਕੰਮ ਨੂੰ ਸਿਰੇ ਨਹੀਂ ਚਾੜ੍ਹ ਸਕਦਾ;
21477	474	ਜੇ ਇਕ ਅਧ ਚੰਗੀ ਕਰੇ ਦੂਜੀ ਭੀ ਵੇਰਾਸਿ॥੫॥	(ਵੇਰਾਸਿ) ਖਰਾਬ। ਅੱਧ	Jae Eik Adhh Changee Karae Dhoojee Bhee Vaeraas ||5||	Even if he does something right, he does the next thing wrong. ||5||	ਜੇ ਭਲਾ ਉਹ ਕਦੇ ਕੋਈ ਮਾੜਾ-ਮੋਟਾ ਇਕ ਕੰਮ ਕਰ ਭੀ ਲਵੇ, ਤਾਂ ਭੀ ਦੂਜੇ ਕੰਮ ਨੂੰ ਵਿਗਾੜ ਦਏਗਾ ॥੫॥
21478	474	ਪਉੜੀ॥		Pourree ||	Pauree:	
21479	474	ਚਾਕਰੁ ਲਗੈ ਚਾਕਰੀ ਜੇ ਚਲੈ ਖਸਮੈ ਭਾਇ॥	ਚੱਲੈ	Chaakar Lagai Chaakaree Jae Chalai Khasamai Bhaae ||	If a servant, performing service, obeys the Will of his Master,	ਜੋ ਨੌਕਰ ਆਪਣੇ ਮਾਲਕ ਦੀ ਮਰਜ਼ੀ ਅਨੁਸਾਰ ਤੁਰੇ (ਤਾਂ ਹੀ ਸਮਝੋ, ਕਿ) ਉਹ ਮਾਲਕ ਦੀ ਨੌਕਰੀ ਕਰ ਰਿਹਾ ਹੈ,
21480	474	ਹੁਰਮਤਿ ਤਿਸਨੋ ਅਗਲੀ ਓਹੁ ਵਜਹੁ ਭਿ ਦੂਣਾ ਖਾਇ॥	(ਹੁਰਮਤਿ) ਇੱਜ਼ਤ। (ਅਗਲੀ) ਬਹੁਤ। (ਵਜਹੁ)ਬਖ਼ਸ਼ੀਸ਼। ਵਜਹੁ:ਪੋਲਾ ਬੋਲੋ	Huramath This No Agalee Ouhu Vajahu Bh Dhoonaa Khaae ||	His honor increases, and he receives double his wages.	ਉਸ ਨੂੰ ਇਕ ਤਾਂ ਬੜੀ ਇੱਜ਼ਤ ਮਿਲਦੀ ਹੈ, ਦੂਜੇ ਤਨਖ਼ਾਹ ਭੀ ਮਾਲਕ ਪਾਸੋਂ ਦੂਣੀ ਲੈਂਦਾ ਹੈ।
21481	474	ਖਸਮੈ ਕਰੇ ਬਰਾਬਰੀ ਫਿਰਿ ਗੈਰਤਿ ਅੰਦਰਿ ਪਾਇ॥	(ਗੈਰਤਿ) ਸ਼ਰਮਿੰਦਗੀ	Khasamai Karae Baraabaree Fir Gairath Andhar Paae ||	But if he claims to be equal to his Master, he earns his Master's displeasure.	ਪਰ ਜੇ ਸੇਵਕ ਆਪਣੇ ਮਾਲਕ ਦੀ ਬਰਾਬਰੀ ਕਰਦਾ ਹੈ (ਭਾਵ, ਮਾਲਕ ਨਾਲ ਸਾਵਾਂ ਹੋਣ ਦਾ ਜਤਨ ਕਰਦਾ ਹੈ), ਉਹ ਮਨ ਵਿਚ ਸ਼ਰਮਿੰਦਗੀ ਹੀ ਉਠਾਂਦਾ ਹੈ,

21482	474	ਵਜਹੁ ਗਵਾਏ ਅਗਲਾ ਮੁਹੇ ਮੁਹਿ ਪਾਣਾ ਖਾਇ॥	(ਪਾਣਾ) ਜੁੱਤੀਆਂ	Vajahu Gavaaeae Agalaa Muhae Muhi Paanaa Khaae ||	He loses his entire salary, and is also beaten on his face with shoes.	ਆਪਣੀ ਪਹਿਲੀ ਤਨਖ਼ਾਹ ਭੀ ਗਵਾ ਬੈਠਦਾ ਹੈ ਤੇ ਸਦਾ ਮੂੰਹ ਤੇ ਜੁੱਤੀਆਂ ਖਾਂਦਾ ਹੈ।
21483	474	ਜਿਸ ਦਾ ਦਿਤਾ ਖਾਵਣਾ ਤਿਸੁ ਕਹੀਐ ਸਾਬਾਸਿ॥	(ਸਾਬਾਸਿ) ਧੰਨਵਾਦ	Jis Dhaa Dhithaa Khaavanaa This Keheeai Saabaas ||	Let us all celebrate Him, from whom we receive our nourishment.	ਜਿਸ ਮਾਲਕ ਦਾ ਦਿੱਤਾ ਖਾਈਏ, ਉਸ ਦੀ ਸਦਾ ਵਡਿਆਈ ਕਰਨੀ ਚਾਹੀਦੀ ਹੈ;
21484	474	ਨਾਨਕ ਹੁਕਮੁ ਨ ਚਲਈ ਨਾਲਿ ਖਸਮ ਚਲੈ ਅਰਦਾਸਿ॥੨੨॥	ਚੱ-ਲਈ ਚੱਲੈ	Naanak Hukam N Chalee Naal Khasam Chalai Aradhaas ||22||	O Nanak, no one can issue commands to the Lord Master; let us offer prayers instead. ||22||	ਹੇ ਨਾਨਕ! ਮਾਲਕ ਉੱਤੇ ਹੁਕਮ ਨਹੀਂ ਕੀਤਾ ਜਾ ਸਕਦਾ, ਉਸ ਦੇ ਅੱਗੇ ਅਰਜ਼ ਕਰਨੀ ਹੀ ਫਬਦੀ ਹੈ ॥੨੨॥
21485	474	ਸਲੋਕ ਮਹਲਾ ੨॥		Salok Mehalaa 2 ||	Shalok, Second Mehl:	
21486	474	ਏਹ ਕਿਨੇਹੀ ਦਾਤਿ ਆਪਸ ਤੇ ਜੋ ਪਾਈਐ॥	(ਕਿਨੇਹੀ) ਕੈਸੀ	Eaeh Kinaehee Dhaath Aapas Thae Jo Paaeeai ||	What sort of gift is this, which we receive only by our own asking?	ਜੇ ਆਖੀਏ ਕਿ ਮੈਂ ਆਪਣੇ ਉੱਦਮ ਨਾਲ ਇਹ ਚੀਜ਼ ਲਈ ਹੈ, ਤਾਂ ਇਹ (ਮਾਲਕ ਵਲੋਂ) ਬਖ਼ਸ਼ਸ਼ ਨਹੀਂ ਅਖਵਾ ਸਕਦੀ।
21487	475	ਨਾਨਕ ਸਾ ਕਰਮਾਤਿ ਸਾਹਿਬ ਤੁਠੈ ਜੋ ਮਿਲੈ॥੧॥	(ਕਰਮਾਤਿ) ਬਖ਼ਸ਼ਸ਼। (ਤੁੱਠੈ) ਪ੍ਰਸੰਨ ਹੋਏ	Naanak Saa Karamaath Saahib Thuthai Jo Milai ||1||	O Nanak, that is the most wonderful gift, which is received from the Lord, when He is totally pleased. ||1||	ਹੇ ਨਾਨਕ! ਬਖ਼ਸ਼ਸ਼ ਉਹੀ ਹੈ ਜੋ ਮਾਲਕ ਦੇ ਤੁੱਠਿਆਂ ਮਿਲੇ ॥੧॥
21488	475	ਮਹਲਾ ੨॥		Mehalaa 2 ||	Second Mehl:	

21489	475	ਏਹ ਕਿਨੇਹੀ ਚਾਕਰੀ ਜਿਤੁ ਭਉ ਖਸਮ ਨ ਜਾਇ॥	(ਜਾਇ) ਪੈਦਾ ਹੋਏ	Eaeh Kinaehee Chaakaree Jith Bho Khasam N Jaae ||	What sort of service is this, by which the fear of the Lord Master does not depart?	ਜਿਸ ਸੇਵਾ ਦੇ ਕਰਨ ਨਾਲ (ਸੇਵਕ ਦੇ ਦਿਲ ਵਿਚੋਂ) ਆਪਣੇ ਮਾਲਕ ਦਾ ਡਰ ਦੂਰ ਨਾ ਹੋਵੇ, ਉਹ ਸੇਵਾ ਅਸਲੀ ਸੇਵਾ ਨਹੀਂ।
21490	475	ਨਾਨਕ ਸੇਵਕੁ ਕਾਢੀਐ ਜਿ ਸੇਤੀ ਖਸਮ ਸਮਾਇ॥੨॥	(ਕਾਂਢੀਐ) ਕਿਹਾ ਜਾਂਦਾ	Naanak Saevak Kaadteeai J Saethee Khasam Samaae ||2||	O Nanak, he alone is called a servant, who merges with the Lord Master. ||2||	ਹੇ ਨਾਨਕ! (ਸੱਚਾ) ਸੇਵਕ ਉਹੀ ਅਖਵਾਂਦਾ ਹੈ ਜੋ ਆਪਣੇ ਮਾਲਕ ਦੇ ਨਾਲ ਇਕ-ਰੂਪ ਹੋ ਜਾਂਦਾ ਹੈ ॥੨॥
21491	475	ਪਉੜੀ॥		Pourree ||	Pauree:	
21492	475	ਨਾਨਕ ਅੰਤ ਨ ਜਾਪਨ੍ਹੀ ਹਰਿ ਤਾ ਕੇ ਪਾਰਾਵਾਰ॥		Naanak Anth N Jaapanhee Har Thaa Kae Paaraavaar ||	O Nanak, the Lord's limits cannot be known; He has no end or limitation.	ਹੇ ਨਾਨਕ! ਉਸ ਪ੍ਰਭੂ ਦੇ ਪਾਰਲੇ ਉਰਾਰਲੇ ਬੰਨਿਆਂ ਦੇ ਅੰਤ ਨਹੀਂ ਪੈ ਸਕਦੇ।
21493	475	ਆਪਿ ਕਰਾਏ ਸਾਖਤੀ ਫਿਰਿ ਆਪਿ ਕਰਾਏ ਮਾਰ॥	(ਸਾਖਤੀ) ਰਚਨਾ। (ਮਾਰ) ਮੌਤ	Aap Karaaeae Saakhathee Fir Aap Karaaeae Maar ||	He Himself creates, and then He Himself destroys.	ਉਹ ਆਪ ਹੀ ਜੀਵਾਂ ਦੀ ਪੈਦਾਇਸ਼ ਕਰਦਾ ਹੈ ਤੇ ਆਪ ਹੀ ਉਨ੍ਹਾਂ ਨੂੰ ਮਾਰ ਦੇਂਦਾ ਹੈ।

21494	475	ਇਕਨ੍ਹਾ ਗਲੀ ਜੰਜੀਰੀਆ ਇਕਿ ਤੁਰੀ ਚੜਹਿ ਬਿਸੀਆਰ॥	(ਤੁਰੀ) ਘੋੜੇ। (ਬਿਸੀ-ਆਰ) ਬਹੁਤ। ਗਲ਼ੀਂ, ਜੰਜੀਰੀਆਂ	Eikanhaa Galee Janjeereeaa Eik Thuree Charrehi Biseeaar ||	Some have chains around their necks, while some ride on many horses.	ਕਈ ਜੀਵਾਂ ਦੇ ਗਲ ਵਿਚ ਜ਼ੰਜੀਰ ਪਏ ਹੋਏ ਹਨ (ਭਾਵ, ਕਈ ਕੈਦ ਗ਼ੁਲਾਮੀ ਆਦਿਕ ਦੇ ਕਸ਼ਟ ਸਹਿ ਰਹੇ ਹਨ), ਅਤੇ ਬੇਸ਼ੁਮਾਰ ਜੀਵ ਘੋੜਿਆਂ ਤੇ ਚੜ੍ਹ ਰਹੇ ਹਨ (ਭਾਵ, ਮਾਇਆ ਦੀਆਂ ਮੌਜਾਂ ਲੈ ਰਹੇ ਹਨ)।
21495	475	ਆਪਿ ਕਰਾਏ ਕਰੇ ਆਪਿ ਹਉ ਕੈ ਸਿਉ ਕਰੀ ਪੁਕਾਰ॥		Aap Karaaeae Karae Aap Ho Kai Sio Karee Pukaar ||	He Himself acts, and He Himself causes us to act. Unto whom should I complain?	(ਇਹ ਸਾਰੇ ਖੇਡ ਤਮਾਸ਼ੇ) ਉਹ ਪ੍ਰਭੂ ਆਪ ਹੀ ਕਰ ਰਿਹਾ ਹੈ, (ਉਸ ਤੋਂ ਬਿਨਾ ਹੋਰ ਕੋਈ ਦੂਜਾ ਨਹੀਂ ਹੈ) ਮੈਂ ਕਿਸ ਦੇ ਅੱਗੇ (ਇਸ ਦੀ) ਫ਼ਰਿਆਦ ਕਰ ਸਕਦਾ ਹਾਂ?
21496	475	ਨਾਨਕ ਕਰਣਾ ਜਿਨਿ ਕੀਆ ਫਿਰਿ ਤਿਸ ਹੀ ਕਰਣੀ ਸਾਰ॥੨੩॥	(ਸਾਰ) ਸੰਭਾਲ਼	Naanak Karanaa Jin Keeaa Fir This Hee Karanee Saar ||23||	O Nanak, the One who created the creation - He Himself takes care of it. ||23||	ਹੇ ਨਾਨਕ! ਜਿਸ ਕਰਤਾਰ ਨੇ ਸ੍ਰਿਸ਼ਟੀ ਰਚੀ ਹੈ, ਫਿਰ ਉਹੀ ਉਸ ਦੀ ਸੰਭਾਲਣਾ ਕਰ ਰਿਹਾ ਹੈ ॥੨੩॥
21497	475	ਸਲੋਕੁ ਮਃ ੧॥		Salok Ma 1 ||	Shalok, First Mehl:	

21498	475	ਆਪੇ ਭਾਂਡੇ ਸਾਜਿਅਨੁ ਆਪੇ ਪੂਰਣੁ ਦੇਇ॥	(ਭਾਂਡੇ) ਸ੍ਰੀਰ। (ਪੂਰਣੁ) ਹਰਿ ਜੀ	Aapae Bhaanddae Saajian Aapae Pooran Dhaee ||	He Himself fashioned the vessel of the body, and He Himself fills it.	ਪ੍ਰਭੂ ਨੇ (ਜੀਵਾਂ ਦੇ ਸਰੀਰ-ਰੂਪ) ਭਾਂਡੇ ਆਪ ਹੀ ਬਣਾਏ ਹਨ, ਤੇ ਉਹ ਜੋ ਕੁਝ ਇਹਨਾਂ ਵਿਚ ਪਾਂਦਾ ਹੈ, (ਭਾਵ, ਜੋ ਦੁੱਖ ਸੁੱਖ ਇਹਨਾਂ ਦੀ ਕਿਸਮਤ ਵਿਚ ਦੇਂਦਾ ਹੈ, ਆਪ ਹੀ ਦੇਂਦਾ ਹੈ)।
21499	475	ਇਕਨ੍ਹੀ ਦੁਧੁ ਸਮਾਈਐ ਇਕਿ ਚੁਲ੍ਹੈ ਰਹਨ੍ਹਿ ਚੜੇ॥	ਚੜ੍ਹੇ	Eikanhee Dhudhh Samaaeeai Eik Chulhai Rehanih Charrae ||	Into some, milk is poured, while others remain on the fire.	ਕਈ ਭਾਂਡਿਆਂ ਵਿਚ ਦੁੱਧ ਪਿਆ ਰਹਿੰਦਾ ਹੈ ਤੇ ਕਈ ਵਿਚਾਰੇ ਚੁੱਲ੍ਹੇ ਉੱਤੇ ਹੀ ਤਪਦੇ ਰਹਿੰਦੇ ਹਨ (ਭਾਵ, ਕਈ ਜੀਵਾਂ ਦੇ ਭਾਗਾਂ ਵਿਚ ਸੁਖ ਤੇ ਸੋਹਣੇ ਸੋਹਣੇ ਪਦਾਰਥ ਹਨ, ਅਤੇ ਕਈ ਜੀਵ ਸਦਾ ਕਸ਼ਟ ਹੀ ਸਹਾਰਦੇ ਹਨ)।
21500	475	ਇਕਿ ਨਿਹਾਲੀ ਪੈ ਸਵਨ੍ਹਿ ਇਕਿ ਉਪਰਿ ਰਹਨਿ ਖੜੇ॥	(ਨਿਹਾਲੀ)ਤੁਲ਼ਾਈ। ਉੱਪਰਿ ਰਹ-ਨਿ ਖੜ੍ਹੇ ਪਹਿਰਾ ਦਿੰਦੇ	Eik Nihaalee Pai Savanih Eik Oupar Rehan Kharrae ||	Some lie down and sleep on soft beds, while others remain watchful.	ਕਈ (ਭਾਗਾਂ ਵਾਲੇ) ਤੁਲਾਈਆਂ ਉੱਤੇ ਬੇਫ਼ਿਕਰ ਹੋ ਕੇ ਸੌਂਦੇ ਹਨ, ਕਈ ਵਿਚਾਰੇ (ਉਹਨਾਂ ਦੀ ਰਾਖੀ ਆਦਿਕ ਸੇਵਾ ਵਾਸਤੇ) ਉਹਨਾਂ ਦੀ ਹਜ਼ੂਰੀ ਵਿਚ ਖਲੋਤੇ ਰਹਿੰਦੇ ਹਨ।
21501	475	ਤਿਨ੍ਹਾ ਸਵਾਰੇ ਨਾਨਕਾ ਜਿਨ੍ਹ ਕਉ ਨਦਰਿ ਕਰੇ॥੧॥		Thinhaa Savaarae Naanakaa Jinh Ko Nadhar Karae ||1||	He adorns those, O Nanak, upon whom He casts His Glance of Grace. ||1||	ਪਰ, ਹੇ ਨਾਨਕ! ਜਿਨ੍ਹਾਂ ਉੱਤੇ ਮਿਹਰ ਦੀ ਨਜ਼ਰ ਕਰਦਾ ਹੈ, ਉਨ੍ਹਾਂ ਨੂੰ ਸੰਵਾਰਦਾ ਹੈ (ਭਾਵ, ਉਹਨਾਂ ਦਾ ਜੀਵਨ ਸੁਧਾਰਦਾ ਹੈ) ॥੧॥
21502	475	ਮਹਲਾ ੨॥		Mehalaa 2 ||	Second Mehl:	

21503	475	ਆਪੇ ਸਾਜੇ ਕਰੇ ਆਪਿ ਜਾਈ ਭਿ ਰਖੈ ਆਪਿ॥	(ਜਾਈ) ਸ੍ਰਿਸ਼ਟੀ	Aapae Saajae Karae Aap Jaaee Bh Rakhai Aap ||	He Himself creates and fashions the world, and He Himself keeps it in order.	ਪ੍ਰਭੂ ਆਪ ਹੀ ਸ੍ਰਿਸ਼ਟੀ ਨੂੰ ਪੈਦਾ ਕਰਦਾ ਹੈ, ਆਪ ਹੀ ਇਸ ਨੂੰ ਸਜਾਂਦਾ ਹੈ, ਸ੍ਰਿਸ਼ਟੀ ਦੀ ਸੰਭਾਲ ਭੀ ਆਪ ਹੀ ਕਰਦਾ ਹੈ,
21504	475	ਤਿਸੁ ਵਿਚਿ ਜੰਤ ਉਪਾਇ ਕੈ ਦੇਖੈ ਥਾਪਿ ਉਥਾਪਿ॥	(ਥਾਪਿ)ਇਸਥਿੱਤ। (ਉਥਾਪਿ)ਨਾਸ	This Vich Janth Oupaae Kai Dhaekhai Thhaap Outhhaap ||	Having created the beings within it, He oversees their birth and death.	ਇਸ ਸ੍ਰਿਸ਼ਟੀ ਵਿਚ ਜੀਵਾਂ ਨੂੰ ਪੈਦਾ ਕਰ ਕੇ ਵੇਖਦਾ ਹੈ, ਆਪ ਹੀ ਟਿਕਾਂਦਾ ਹੈ ਤੇ ਆਪ ਹੀ ਢਾਂਹਦਾ ਹੈ।
21505	475	ਕਿਸ ਨੋ ਕਹੀਐ ਨਾਨਕਾ ਸਭੁ ਕਿਛੁ ਆਪੇ ਆਪਿ॥੨॥		Kis No Keheeai Naanakaa Sabh Kishh Aapae Aap ||2||	Unto whom should we speak, O Nanak, when He Himself is all-in-all? ||2||	ਹੇ ਨਾਨਕ! (ਉਸ ਤੋਂ ਬਿਨਾ) ਕਿਸੇ ਹੋਰ ਦੇ ਅਗੇ ਫ਼ਰਿਆਦ ਨਹੀਂ ਹੋ ਸਕਦੀ, ਉਹ ਆਪ ਹੀ ਸਭ ਕੁਝ ਕਰਨ ਦੇ ਸਮਰੱਥ ਹੈ ॥੨॥
21506	475	ਪਉੜੀ॥		Pourree ||	Pauree:	
21507	475	ਵਡੇ ਕੀਆ ਵਡਿਆਈਆ ਕਿਛੁ ਕਹਣਾ ਕਹਣੁ ਨ ਜਾਇ॥		Vaddae Keeaa Vaddiaaeeaa Kishh Kehanaa Kehan N Jaae ||	The description of the greatness of the Great Lord cannot be described.	ਪ੍ਰਭੂ ਦੇ ਗੁਣਾਂ ਸੰਬੰਧੀ ਕੋਈ ਗੱਲ ਕਹੀ ਨਹੀਂ ਜਾ ਸਕਦੀ, (ਭਾਵ, ਗੁਣਾਂ ਦਾ ਅੰਤ ਨਹੀਂ ਪੈ ਸਕਦਾ)।
21508	475	ਸੋ ਕਰਤਾ ਕਾਦਰ ਕਰੀਮੁ ਦੇ ਜੀਆ ਰਿਜਕੁ ਸੰਬਾਹਿ॥	(ਕਾਦਰ) ਸਰਬ ਸ਼ਕਤੀਮਾਨ। (ਕਰੀਮੁ) ਕ੍ਰਿਪਾਲੂ। (ਸੰਬਾਹਿ) ਸਾਰਿਆਂ ਨੂੰ, ਪਹੁੰਚਾਉਂਦਾ	So Karathaa Kaadhar Kareem Dhae Jeeaa Rijak Sanbaahi ||	He is the Creator, all-lowerful and benevolent; He gives sustenance to all beings.	ਉਹ ਆਪ ਹੀ ਸਿਰਜਨਹਾਰ ਹੈ, ਆਪ ਹੀ ਕੁਦਰਤ ਦਾ ਮਾਲਕ ਹੈ, ਆਪ ਹੀ ਬਖ਼ਸ਼ਸ਼ ਕਰਨ ਵਾਲਾ ਹੈ ਤੇ ਆਪ ਹੀ ਜੀਵਾਂ ਨੂੰ ਰਿਜ਼ਕ ਅਪੜਾਂਦਾ ਹੈ।

21509	475	ਸਾਈ ਕਾਰ ਕਮਾਵਣੀ ਧੁਰਿ ਛੋਡੀ ਤਿੰਨੈ ਪਾਇ॥	(ਤਿੰਨੈ) ਤਿਸ ਵਾਹਿਗੁਰੂ ਜੀ ਨੇ	Saaee Kaar Kamaavanee Dhhur Shhoddee Thinnai Paae ||	The mortal does that work, which has been pre-destined from the very beginning.	ਸਾਰੇ ਜੀਵ ਉਹੀ ਕਰਦੇ ਹਨ ਜੋ ਉਸ ਪ੍ਰਭੂ ਨੇ ਆਪ ਹੀ (ਉਹਨਾਂ ਦੇ ਭਾਗਾਂ ਵਿਚ) ਪਾ ਛੱਡੀ ਹੈ।
21510	475	ਨਾਨਕ ਏਕੀ ਬਾਹਰੀ ਹੋਰ ਦੂਜੀ ਨਾਹੀ ਜਾਇ॥	(ਜਾਇ) ਜਗ੍ਹਾ	Naanak Eaekee Baaharee Hor Dhoojee Naahee Jaae ||	O Nanak, except for the One Lord, there is no other place at all.	ਹੇ ਨਾਨਕ! ਇਕ ਪ੍ਰਭੂ ਦੀ ਟੇਕ ਤੋਂ ਬਿਨਾ ਹੋਰ ਕੋਈ ਥਾਂ ਨਹੀਂ,
21511	475	ਸੋ ਕਰੇ ਜਿ ਤਿਸੈ ਰਜਾਇ॥੨੪॥੧॥ ਸੁਧੁ	ਸੁੱਧੁ	So Karae J Thisai Rajaae ||24||1|| Sudhhu	He does whatever He wills. ||24||1|| Sudh||	ਜੋ ਕੁਝ ਉਸ ਦੀ ਮਰਜ਼ੀ ਹੈ ਉਹੀ ਕਰਦਾ ਹੈ ॥੨੪॥੧॥ ਸੁਧੁ
21512	475	੧ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sathinaam Karathaa Purakh Nirabho Niravair Akaal Moorath Ajoonee Saibhan Guraprasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	
21513	475	ਰਾਗੁ ਆਸਾ ਬਾਣੀ ਭਗਤਾ ਕੀ॥		Raag Aasaa Baanee Bhagathaa Kee ||	Raag Aasaa, The Word Of The Devotees:	

21514	475	ਕਬੀਰ ਜੀਉ ਨਾਮਦੇਉ ਜੀਉ ਰਵਿਦਾਸ ਜੀਉ॥		Kabeer Jeeo Naamadhaeo Jeeo Ravidhaas Jeeo ||	Kabeer, Naam Dayv And Ravi Daas.	
21515	475	ਆਸਾ ਸ੍ਰੀ ਕਬੀਰ ਜੀਉ॥		Aasaa Sree Kabeer Jeeo ||	Aasaa, Kabeer Jee:	
21516	475	ਗੁਰ ਚਰਣ ਲਾਗਿ ਹਮ ਬਿਨਵਤਾ ਪੂਛਤ ਕਹ ਜੀਉ ਪਾਇਆ॥	(ਬਿਨਵਤਾ) ਬੇਨਤੀ। (ਪਾਇਆ) ਪੈਦਾ ਕੀਤਾ	Gur Charan Laag Ham Binavathaa Pooshhath Keh Jeeo Paaeiaa ||	Falling at the Feet of the Guru, I pray, and ask Him, ""Why was man created?	ਮੈਂ ਆਪਣੇ ਗੁਰੂ ਦੀ ਚਰਨੀਂ ਲੱਗ ਕੇ ਬੇਨਤੀ ਕਰਦਾ ਹਾਂ ਤੇ ਪੁੱਛਦਾ ਹਾਂ-ਹੇ ਗੁਰੂ! ਮੈਨੂੰ ਇਹ ਗੱਲ ਸਮਝਾ ਕੇ ਦੱਸ ਕਿ ਜੀਵ ਕਾਹਦੇ ਲਈ ਪੈਦਾ ਕੀਤਾ ਜਾਂਦਾ ਹੈ,
21517	475	ਕਵਨ ਕਾਜਿ ਜਗੁ ਉਪਜੈ ਬਿਨਸੈ ਕਹਹੁ ਮੋਹਿ ਸਮਝਾਇਆ॥੧॥		Kavan Kaaj Jag Oupajai Binasai Kehahu Mohi Samajhaaeiaa ||1||	What deeds cause the world to come into being, and be destroyed? Tell me, that I may understand.""||1||	ਤੇ ਕਿਸ ਕਾਰਨ ਜਗਤ ਜੰਮਦਾ ਮਰਦਾ ਰਹਿੰਦਾ ਹੈ (ਭਾਵ, ਜੀਵ ਨੂੰ ਮਨੁੱਖਾ-ਜਨਮ ਦੇ ਮਨੋਰਥ ਦੀ ਸੂਝ ਗੁਰੂ ਤੋਂ ਹੀ ਪੈ ਸਕਦੀ ਹੈ) ॥੧॥
21518	475	ਦੇਵ ਕਰਹੁ ਦਇਆ ਮੋਹਿ ਮਾਰਗਿ ਲਾਵਹੁ ਜਿਤੁ ਭੈ ਬੰਧਨ ਤੂਟੈ॥	(ਦੇਵ) ਵਾਹਿਗੁਰੂ ਜੀ	Dhaev Karahu Dhaeiaa Mohi Maarag Laavahu Jith Bhai Bandhhan Thoottai ||	O Divine Guru, please, show Mercy to me, and place me on the right path, by which the bonds of fear may be cut away.	ਹੇ ਗੁਰਦੇਵ! ਮੇਰੇ ਉੱਤੇ ਮਿਹਰ ਕਰ, ਮੈਨੂੰ (ਜ਼ਿੰਦਗੀ ਦੇ ਸਹੀ) ਰਸਤੇ ਉੱਤੇ ਪਾ, ਜਿਸ ਰਾਹ ਤੇ ਤੁਰਿਆਂ ਮੇਰੇ ਦੁਨੀਆ ਵਾਲੇ ਸਹਮ ਤੇ ਮਾਇਆ ਵਾਲੇ ਜਕੜ ਟੁਟ ਜਾਣ,

21519	475	ਜਨਮ ਮਰਨ ਦੁਖ ਫੇੜ ਕਰਮ ਸੁਖ ਜੀਅ ਜਨਮ ਤੇ ਛੂਟੈ॥੧॥ਰਹਾਉ॥	(ਫੇੜ)ਕੀਤੇ	Janam Maran Dhukh Faerr Karam Sukh Jeea Janam Thae Shhoottai ||1|| Rehaao ||	The pains of birth and death come from past actions and karma; peace comes when the soul finds release from reincarnation. ||1||Pause||	ਮੇਰੇ ਪਿਛਲੇ ਕੀਤੇ ਕਰਮਾਂ ਅਨੁਸਾਰ ਮੇਰੀ ਜਿੰਦ ਦੇ ਸਾਰੀ ਉਮਰ ਦੇ ਜੰਜਾਲ ਉੱਕਾ ਹੀ ਮੁੱਕ ਜਾਣ ॥੧॥ ਰਹਾਉ ॥
21520	475	ਮਾਇਆ ਫਾਸ ਬੰਧ ਨਹੀ ਫਾਰੈ ਅਰੁ ਮਨ ਸੁੰਨਿ ਨ ਲੂਕੇ॥	(ਫਾਸ) ਫਾਹੀਆਂ	Maaeiaa Faas Bandhh Nehee Faarai Ar Man Sunn N Lookae ||	The mortal does not break free from the bonds of the noose of Maya, and he does not seek the shelter of the profound, absolute Lord.	ਹੇ ਮੇਰੇ ਗੁਰਦੇਵ! ਮੇਰਾ ਮਨ (ਆਪਣੇ ਗਲੋਂ) ਮਾਇਆ ਦੀਆਂ ਫਾਹੀਆਂ ਤੇ ਬੰਧਨ ਤੋੜਦਾ ਨਹੀਂ, ਨਾਹ ਹੀ ਇਹ (ਮਾਇਆ ਦੇ ਪ੍ਰਭਾਵ ਤੋਂ ਬਚਣ ਲਈ) ਅਫੁਰ ਪ੍ਰਭੂ ਵਿਚ ਜੁੜਦਾ ਹੈ।
21521	475	ਆਪਾ ਪਦੁ ਨਿਰਬਾਣੁ ਨ ਚੀਨ੍ਹਿਆ ਇਨ ਬਿਧਿ ਅਭਿਉ ਨ ਚੂਕੇ॥੨॥	(ਅ-ਭਿਉ) ਸੰਸਾ, ਭਰਮ ਨਹੀਂ (ਚੂਕੇ) ਹਟਦਾ। ਬਿਧਿ:ਪੋਲਾ ਬੋਲੋ।(ਅ-ਭਿਉ) ਨਿਰਭਉ ਨਹੀਂ ਹੋਇਆ। (ਚੂਕੇ) ਖੁੰਝ ਗਏ।	Aapaa Padh Nirabaan N Cheenihaaa Ein Bidhh Abhio N Chookae ||2||	He does not realize the dignity of the self, and Nirvaanaa; because of this, his doubt does not depart. ||2||	ਮੇਰੇ ਇਸ ਮਨ ਨੇ ਆਪਣੇ ਵਾਸ਼ਨਾ-ਰਹਿਤ ਅਸਲੇ ਦੀ ਪਛਾਣ ਨਹੀਂ ਕੀਤੀ, ਤੇ ਇਹਨੀਂ ਗੱਲੀਂ ਇਸ ਦਾ ਕੋਰਾ-ਪਨ ਦੂਰ ਨਹੀਂ ਹੋਇਆ ॥੨॥

21522	475	ਕਹੀ ਨ ਉਪਜੈ ਉਪਜੀ ਜਾਣੈ ਭਾਵ ਅਭਾਵ ਬਿਹੂਣਾ॥		Kehee N Oupajai Oupajee Jaanai Bhaav Abhaav Bihoonaa ||	The soul is not born, even though he thinks it is born; it is free from birth and death.	ਹੇ ਗੁਰਦੇਵ! ਮੇਰਾ ਮਨ, ਜੋ ਚੰਗੇ ਮੰਦੇ ਖ਼ਿਆਲਾਂ ਦੀ ਪਰਖ ਕਰਨ ਦੇ ਅਸਮਰੱਥ ਸੀ, ਇਸ ਜਗਤ ਨੂੰ-ਜੋ ਕਿਸੇ ਹਾਲਤ ਵਿਚ ਭੀ ਪ੍ਰਭੂ ਤੋਂ ਵੱਖਰਾ ਟਿਕ ਨਹੀਂ ਸਕਦਾ-ਉਸ ਤੋਂ ਵੱਖਰੀ ਹਸਤੀ ਵਾਲਾ ਸਮਝਦਾ ਰਿਹਾ ਹੈ।
21523	475	ਉਦੈ ਅਸਤ ਕੀ ਮਨ ਬੁਧਿ ਨਾਸੀ ਤਉ ਸਦਾ ਸਹਜਿ ਲਿਵ ਲੀਣਾ॥੩॥	ਅਸ-ਤ:ਪੋਲਾ ਬੋਲੋ	Oudhai Asath Kee Man Budhh Naasee Tho Sadhaa Sehaj Liv Leenaa ||3||	When the mortal gives up his ideas of birth and death, he remains constantly absorbed in the Lord's Love. ||3||	(ਪਰ ਤੇਰੀ ਮਿਹਰ ਨਾਲ ਜਦੋਂ ਤੋਂ) ਮੇਰੇ ਮਨ ਦੀ ਉਹ ਮੱਤ ਨਾਸ ਹੋਈ ਹੈ ਜੋ ਜਨਮ ਮਰਨ ਦੇ ਗੇੜ ਵਿਚ ਪਾਂਦੀ ਹੈ, ਤਾਂ ਹੁਣ ਸਦਾ ਇਹ ਅਡੋਲ ਅਵਸਥਾ ਵਿਚ ਟਿਕਿਆ ਰਹਿੰਦਾ ਹੈ ॥੩॥
21524	475	ਜਿਉ ਪ੍ਰਤਿਬਿੰਬੁ ਬਿੰਬ ਕਉ ਮਿਲੀ ਹੈ ਉਦਕ ਕੁੰਭੁ ਬਿਗਰਾਨਾ॥	(ਪ੍ਰਤਿ-ਬਿੰਬੁ) ਅਕਸ, ਪਰਛਾਵਾਂ। (ਬਿੰਬ) ਜਿਸਦਾ ਅਕਸ ਪੈਂਦਾ। (ਉਦਕ) ਪਾਣੀ। (ਕੁੰਭੁ) ਘੜਾ। (ਬਿਗਰਾਨਾ) ਟੁੱਟਦਾ	Jio Prathibinb Binb Ko Milee Hai Oudhak Kunbh Bigaraanaa ||	As the reflection of an object blends in the water when the pitcher is broken,	(ਹੇ ਗੁਰਦੇਵ!) ਜਿਵੇਂ, ਜਦੋਂ ਪਾਣੀ ਨਾਲ ਭਰਿਆ ਹੋਇਆ ਘੜਾ ਟੁੱਟ ਜਾਂਦਾ ਹੈ ਤਾਂ (ਉਸ ਪਾਣੀ ਵਿਚ ਪੈਣ ਵਾਲਾ) ਅਕਸ ਪਾਣੀ ਨਾਲ ਹੀ ਮਿਲ ਜਾਂਦਾ ਹੈ (ਭਾਵ, ਜਿਵੇਂ ਪਾਣੀ ਅਤੇ ਅਕਸ ਦੀ ਹਸਤੀ ਉਸ ਘੜੇ ਵਿਚੋਂ ਮੁੱਕ ਜਾਂਦੀ ਹੈ),

21525	475	ਕਹੁ ਕਬੀਰ ਐਸਾ ਗੁਣ ਭ੍ਰਮੁ ਭਾਗਾ ਤਉ ਮਨੁ ਸੁੰਨਿ ਸਮਾਨਾਂ॥੪॥੧॥		Kahu Kabeer Aisaa Gun Bhram Bhaagaa Tho Man Sunn Samaanaan ||4||1||	Says Kabeer, just so virtue dispels doubt, and then the soul is absorbed in the profound, absolute Lord. ||4||1||	ਕਬੀਰ ਆਖਦਾ ਹੈ- ਤਿਵੇਂ ਤੇਰੀ ਮਿਹਰ ਨਾਲ ਰੱਸੀ (ਤੇ ਸੱਪ) ਵਾਲਾ ਭੁਲੇਖਾ ਮਿਟ ਗਿਆ ਹੈ (ਇਹ ਭੁਲੇਖਾ ਮੁੱਕ ਗਿਆ ਹੈ ਕਿ ਇਹ ਦਿੱਸਦਾ ਜਗਤ ਪਰਮਾਤਮਾ ਨਾਲੋਂ ਕੋਈ ਵੱਖਰੀ ਹਸਤੀ ਹੈ), ਤੇ ਮੇਰਾ ਮਨ ਅਫੁਰ ਪ੍ਰਭੂ ਵਿਚ ਟਿਕ ਗਿਆ ਹੈ ॥੪॥੧॥
21526	476	ਆਸਾ॥		Aasaa ||	Aasaa:	
21527	476	ਗਜ ਸਾਢੇ ਤੈ ਤੈ ਧੋਤੀਆ ਤਿਹਰੇ ਪਾਇਨਿ ਤਗ॥	ਗਜ:ਪੋਲਾ ਬੋਲੋ।(ਤੈ) ਤਿੰਨ।(ਤਿਹਰੇ) ਤਿੰਨ ਡੋਰਾਂ ਵਾਲੇ (ਤੱਗ) ਤਾਗੇ, ਜਨੇਊ।	Gaj Saadtae Thai Thai Dhhotheeaa Thiharae Paaein Thag ||	They wear loin cloths, three and a half yards long, and triple-wound sacred threads.	(ਜੋ ਮਨੁੱਖ) ਸਾਢੇ ਤਿੰਨ ਤਿੰਨ ਗਜ਼ (ਲੰਮੀਆਂ) ਧੋਤੀਆਂ (ਪਹਿਨਦੇ, ਅਤੇ) ਤਿਹਰੀਆਂ ਤੰਦਾਂ ਵਾਲੇ ਜਨੇਊ ਪਾਂਦੇ ਹਨ,
21528	476	ਗਲੀ ਜਿਨ੍ਹਾ ਜਪਮਾਲੀਆ ਲੋਟੇ ਹਥਿ ਨਿਬਗ॥	(ਨਿ–ਬੱਗ) ਨਿ ਵਿਸ਼ੇਸ਼ ਕਰਕੇ (ਬੱਗ)ਬਗਲਿਆ ਵਾਂਗ ਚਿੱਟੇ। ਗਲ਼ੀਂ	Galee Jinhaa Japamaaleeaa Lottae Hathh Nibag ||	They have rosaries around their necks, and they carry glittering jugs in their hands.	ਜਿਨ੍ਹਾਂ ਦੇ ਗਲਾਂ ਵਿਚ ਮਾਲਾਂ ਹਨ ਤੇ ਹੱਥ ਵਿੱਚ ਲਿਸ਼ਕਾਏ ਹੋਏ ਲੋਟੇ ਹਨ,
21529	476	ਓਇ ਹਰਿ ਕੇ ਸੰਤ ਨ ਆਖੀਅਹਿ ਬਾਨਾਰਸਿ ਕੇ ਠਗ॥੧॥		Oue Har Kae Santh N Aakheeahi Baanaaras Kae Thag ||1||	They are not called Saints of the Lord - they are thugs of Benares. ||1||	(ਨਿਰੇ ਇਹਨਾਂ ਲੱਛਣਾਂ ਕਰਕੇ) ਉਹ ਮਨੁੱਖ ਪਰਮਾਤਮਾ ਦੇ ਭਗਤ ਨਹੀਂ ਆਖੇ ਜਾਣੇ ਚਾਹੀਦੇ, ਉਹ ਤਾਂ (ਅਸਲ ਵਿਚ) ਬਨਾਰਸੀ ਠੱਗ ਹਨ ॥੧॥

21530	476	ਐਸੇ ਸੰਤ ਨ ਮੋਕਉ ਭਾਵਹਿ॥		Aisae Santh N Mo Ko Bhaavehi ||	Such 'saints' are not pleasing to me;	ਮੈਨੂੰ ਅਜਿਹੇ ਸੰਤ ਚੰਗੇ ਨਹੀਂ ਲੱਗਦੇ,
21531	476	ਡਾਲਾ ਸਿਉ ਪੇਡਾ ਗਟਕਾਵਹਿ॥੧॥ਰਹਾਉ॥	(ਡਾਲਾ) ਟਾਹਣੀਆਂ। (ਪੇਡਾ) ਦਰਖਤ	Ddaalaa Sio Paeddaa Gattakaavehi ||1|| Rehaao ||	They eat the trees along with the branches. ||1||Pause||	ਜੋ ਮੂਲ ਨੂੰ ਭੀ ਟਹਿਣੀਆਂ ਸਮੇਤ ਖਾ ਜਾਣ (ਭਾਵ, ਜੋ ਮਾਇਆ ਦੀ ਖ਼ਾਤਰ ਮਨੁੱਖਾਂ ਨੂੰ ਜਾਨੋਂ ਮਾਰਨੋਂ ਭੀ ਸੰਕੋਚ ਨਾ ਕਰਨ) ॥੧॥ ਰਹਾਉ ॥
21532	476	ਬਾਸਨ ਮਾਂਜਿ ਚਰਾਵਹਿ ਊਪਰਿ ਕਾਠੀ ਧੋਇ ਜਲਾਵਹਿ॥	(ਬਾਸਨ) ਭਾਂਡੇ। ਚਰ੍ਹਾਵਹਿ ਚੁੱਲੇ ਤੇ। (ਕਾਠੀ) ਲੱਕੜਾਂ	Baasan Maanj Charaavehi Oopar Kaathee Dhhoe Jalaavehi ||	They wash their pots and pans before putting them on the stove, and they wash the wood before lighting it.	(ਇਹ ਲੋਕ) ਭਾਂਡੇ ਮਾਂਜ ਕੇ (ਚੁੱਲ੍ਹਿਆਂ) ਉੱਤੇ ਰੱਖਦੇ ਹਨ, (ਹੇਠਾਂ) ਲੱਕੜੀਆਂ ਧੋ ਕੇ ਬਾਲਦੇ ਹਨ,
21533	476	ਬਸੁਧਾ ਖੋਦਿ ਕਰਹਿ ਦੁਇ ਚੂਲ੍ਹੇ ਸਾਰੇ ਮਾਣਸ ਖਾਵਹਿ॥੨॥	(ਬਸੁ-ਧਾ) ਧਰਤੀ। ਬਸੁਧਾ: ਪੋਲਾ ਬੋਲੋ	Basudhhaa Khodh Karehi Dhue Choolaeh Saarae Maanas Khaavehi ||2||	They dig up the earth and make two fireplaces, but they eat the whole person! ||2||	ਧਰਤੀ ਪੁੱਟ ਕੇ ਦੋ ਚੁੱਲ੍ਹੇ ਬਣਾਂਦੇ ਹਨ, (ਸੁੱਚ ਤਾਂ ਇਹੋ ਜਿਹੀ, ਪਰ ਕਰਤੂਤ ਇਹ ਹੈ ਕਿ) ਸਮੂਲਚੇ ਮਨੁੱਖ ਖਾ ਜਾਂਦੇ ਹਨ ॥੨॥
21534	476	ਓਇ ਪਾਪੀ ਸਦਾ ਫਿਰਹਿ ਅਪਰਾਧੀ ਮੁਖਹੁ ਅਪਰਸ ਕਹਾਵਹਿ॥	(ਅ-ਪਰਸ) ਵਿਰਕਤ ਕਿਸੇ ਮਾਇਕ ਪਦਾਰਥ ਨੂੰ ਛੋਹਣ ਵਾਲਾ	Oue Paapee Sadhaa Firehi Aparaadhhee Mukhahu Aparas Kehaavehi ||	Those sinners continually wander in evil deeds, while they call themselves touch-nothing saints.	ਇਹੋ ਜਿਹੇ ਮੰਦ-ਕਰਮੀ ਮਨੁੱਖ ਸਦਾ ਵਿਕਾਰਾਂ ਵਿਚ ਹੀ ਖਚਿਤ ਫਿਰਦੇ ਹਨ, ਉਂਞ ਮੂੰਹੋਂ ਅਖਵਾਂਦੇ ਹਨ ਕਿ ਅਸੀਂ ਮਾਇਆ ਦੇ ਨੇੜੇ ਨਹੀਂ ਛੋਹਦੇ।

21535	476	ਸਦਾ ਸਦਾ ਫਿਰਹਿ ਅਭਿਮਾਨੀ ਸਗਲ ਕੁਟੰਬ ਡੁਬਾਵਹਿ॥੩॥	(ਕੁਟੰਬ) ਪ੍ਰਵਾਰ	Sadhaa Sadhaa Firehi Abhimaanee Sagal Kuttanb Ddubaavehi ||3||	They wander around forever and ever in their self-conceit, and all their families are drowned. ||3||	ਸਦਾ ਅਹੰਕਾਰ ਵਿਚ ਮੱਤੇ ਫਿਰਦੇ ਹਨ, (ਇਹ ਆਪ ਤਾਂ ਡੁੱਬੇ ਹੀ ਸਨ) ਸਾਰੇ ਸਾਥੀਆਂ ਨੂੰ ਭੀ (ਇਹਨਾਂ ਮੰਦ-ਕਰਮਾਂ ਵਿਚ) ਡੋਬਦੇ ਹਨ ॥੩॥
21536	476	ਜਿਤੁ ਕੋ ਲਾਇਆ ਤਿਤ ਹੀ ਲਾਗਾ ਤੈਸੇ ਕਰਮ ਕਮਾਵੈ॥		Jith Ko Laaeiaa Thith Hee Laagaa Thaisae Karam Kamaavai ||	He is attached to that, to which the Lord has attached him, and he acts accordingly.	(ਪਰ ਜੀਵਾਂ ਦੇ ਕੀਹ ਵੱਸ?) ਜਿਸ ਪਾਸੇ ਪਰਮਾਤਮਾ ਨੇ ਕਿਸੇ ਮਨੁੱਖ ਨੂੰ ਲਾਇਆ ਹੈ ਉਸੇ ਹੀ ਪਾਸੇ ਉਹ ਲੱਗਾ ਹੋਇਆ ਹੈ, ਤੇ ਉਹੋ ਜਿਹੇ ਹੀ ਉਹ ਕੰਮ ਕਰ ਰਿਹਾ ਹੈ।
21537	476	ਕਹੁ ਕਬੀਰ ਜਿਸੁ ਸਤਿਗੁਰੁ ਭੇਟੈ ਪੁਨਰਪਿ ਜਨਮਿ ਨ ਆਵੈ॥੪॥੨॥	(ਭੇਟੈ) ਮਿਲੇ। (ਪੁਨਰਪਿ) ਫਿਰ ਕਦੇ	Kahu Kabeer Jis Sathigur Bhaettai Punarap Janam N Aavai ||4||2||	Says Kabeer, one who meets the True Guru, is not reincarnated again. ||4||2||	ਕਬੀਰ ਆਖਦਾ ਹੈ- ਸੱਚ ਤਾਂ ਇਹ ਹੈ ਕਿ ਜਿਸ ਨੂੰ ਸਤਿਗੁਰੂ ਮਿਲ ਪੈਂਦਾ ਹੈ, ਉਹ ਫਿਰ ਕਦੇ ਜਨਮ (ਮਰਨ ਦੇ ਗੇੜ) ਵਿਚ ਨਹੀਂ ਆਉਂਦਾ ॥੪॥੨॥
21538	476	ਆਸਾ॥		Aasaa ||	Aasaa:	
21539	476	ਬਾਪਿ ਦਿਲਾਸਾ ਮੇਰੋ ਕੀਨ੍ਹਾ॥	(ਬਾਪ) ਪਿਤਾ ਵਾਹਿਗੁਰੂ ਜੀ	Baap Dhilaasaa Maero Keenhaa ||	My Father has comforted me. He has given me a cozy bed,	(ਮੇਰੇ ਅੰਦਰ ਟਿਕ ਕੇ) ਮੇਰੇ ਪਿਤਾ-ਪ੍ਰਭੂ ਨੇ ਮੈਨੂੰ ਸਹਾਰਾ ਦੇ ਦਿੱਤਾ ਹੈ,

21540	476	ਸੇਜ ਸੁਖਾਲੀ ਮੁਖਿ ਅੰਮ੍ਰਿਤੁ ਦੀਨ੍ਹਾ॥		Saej Sukhaalee Mukh Anmrith Dheenhaa ||	And placed His Ambrosial Nectar in my mouth.	(ਜਪਣ ਲਈ) ਮੇਰੇ ਮੂੰਹ ਵਿਚ (ਉਸ ਨੇ ਆਪਣਾ) ਅੰਮ੍ਰਿਤ-ਨਾਮ ਦਿੱਤਾ ਹੈ, (ਇਸ ਵਾਸਤੇ) ਮੇਰੀ (ਹਿਰਦਾ-ਰੂਪ) ਸੇਜ ਸੁਖਦਾਈ ਹੋ ਗਈ।
21541	476	ਤਿਸੁ ਬਾਪ ਕਉ ਕਿਉ ਮਨਹੁ ਵਿਸਾਰੀ॥		This Baap Ko Kio Manahu Visaaree ||	How could I forget that Father from my mind?	(ਜਿਸ ਪਿਉ ਨੇ ਇਤਨਾ ਸੁਖ ਦਿੱਤਾ ਹੈ) ਉਸ ਪਿਉ ਨੂੰ ਮੈਂ (ਕਦੇ) ਮਨ ਤੋਂ ਨਹੀਂ ਭੁਲਾਵਾਂਗਾ।
21542	476	ਆਗੈ ਗਇਆ ਨ ਬਾਜੀ ਹਾਰੀ॥੧॥		Aagai Gaeiaa N Baajee Haaree ||1||	When I go to the world hereafter, I shall not lose the game. ||1||	(ਜਿਵੇਂ ਇੱਥੇ ਮੈਂ ਸੌਖਾ ਹੋ ਗਿਆ ਹਾਂ, ਤਿਵੇਂ) ਅਗਾਂਹ ਚੱਲ ਕੇ (ਭੀ) ਮੈਂ (ਮਨੁੱਖਾ-ਜਨਮ ਦੀ) ਖੇਡ ਨਹੀਂ ਹਾਰਾਂਗਾ ॥੧॥
21543	476	ਮੁਈ ਮੇਰੀ ਮਾਈ ਹਉ ਖਰਾ ਸੁਖਾਲਾ॥	(ਮਾਈ) ਮਾਇਆ	Muee Maeree Maaee Ho Kharaa Sukhaalaa ||	Maya is dead, O mother, and I am very happy.	ਮੇਰੇ ਉੱਤੋਂ ਮਾਇਆ ਦਾ ਪ੍ਰਭਾਵ ਮਿਟ ਗਿਆ ਹੈ, ਹੁਣ ਮੈਂ ਬੜਾ ਸੌਖਾ ਹੋ ਗਿਆ ਹਾਂ;
21544	476	ਪਹਿਰਉ ਨਹੀ ਦਗਲੀ ਲਗੈ ਨ ਪਾਲਾ॥੧॥ਰਹਾਉ॥	ਸ੍ਰੀਰ ਰੂਪੀ (ਦਗਲੀ) ਕੁੜਤੀ। ਪਹਿ-ਰਉ,ਪਾਲ਼ਾ	Pehiro Nehee Dhagalee Lagai N Paalaa ||1|| Rehaao ||	I do not wear the patched coat, nor do I feel the chill. ||1||Pause||	ਨਾਹ ਹੁਣ ਮੈਨੂੰ ਮਾਇਆ ਦਾ ਮੋਹ ਸਤਾਉਂਦਾ ਹੈ, ਤੇ ਨਾਹ ਹੀ ਮੈਂ ਹੁਣ (ਮੁੜ ਮੁੜ) ਸਰੀਰ-ਰੂਪ ਗੋਦੜੀ ਪਹਿਨਾਂਗਾ ॥੧॥ ਰਹਾਉ ॥
21545	476	ਬਲਿ ਤਿਸੁ ਬਾਪੈ ਜਿਨਿ ਹਉ ਜਾਇਆ॥	(ਬਲਿ) ਬਲਿਹਾਰ। ਬਲਿ:ਪੋਲਾ ਬੋਲੋ। (ਜਾਇਆ) ਜਨਮਿਆ	Bal This Baapai Jin Ho Jaaeiaa ||	I am a sacrifice to my Father, who gave me life.	ਜਿਸ ਪ੍ਰਭੂ-ਪਿਤਾ ਨੇ ਮੈਨੂੰ (ਇਹ ਨਵਾਂ) ਜਨਮ ਦਿੱਤਾ ਹੈ, ਉਸ ਤੋਂ ਮੈਂ ਸਦਕੇ ਹਾਂ,

21546	476	ਪੰਚਾ ਤੇ ਮੇਰਾ ਸੰਗੁ ਚੁਕਾਇਆ॥	(ਪੰਚਾ) ਪੰਜ ਕਾਮਾਦਿ	Panchaa Thae Maeraa Sang Chukaaeiaa ||	He put an end to my association with the five deadly sins.	ਉਸ ਨੇ ਪੰਜ ਕਾਮਾਦਿਕਾਂ ਤੋਂ ਮੇਰਾ ਖਹਿੜਾ ਛੁਡਾ ਦਿੱਤਾ ਹੈ।
21547	476	ਪੰਚ ਮਾਰਿ ਪਾਵਾ ਤਲਿ ਦੀਨੇ॥	(ਪਾਵਾਂ) ਪੈਰਾਂ। (ਤਲਿ) ਹੇਠ।ਤਲਿ:ਪੋਲਾ ਬੋਲੋ	Panch Maar Paavaa Thal Dheenae ||	I have conquered those five demons, and trampled them underfoot.	ਹੁਣ ਉਹ ਪੰਜੇ ਮਾਰ ਕੇ ਮੈਂ ਆਪਣੇ ਪੈਰਾਂ ਹੇਠ ਦੇ ਲਏ ਹਨ,
21548	476	ਹਰਿ ਸਿਮਰਨਿ ਮੇਰਾ ਮਨੁ ਤਨੁ ਭੀਨੇ॥੨॥	(ਭੀਨੇ) ਭਿੱਜਾ	Har Simaran Maeraa Man Than Bheenae ||2||	Remembering the Lord in meditation, my mind and body are drenched with His Love. ||2||	ਕਿਉਂਕਿ (ਇਹਨਾਂ ਵਲੋਂ ਹਟ ਕੇ) ਮੇਰਾ ਮਨ ਤੇ ਤਨ ਪ੍ਰਭੂ ਦੇ ਸਿਮਰਨ ਵਿਚ ਮਸਤ ਹੋ ਗਏ ਹਨ ॥੨॥
21549	476	ਪਿਤਾ ਹਮਾਰੋ ਵਡ ਗੋਸਾਈ॥		Pithaa Hamaaro Vadd Gosaaee ||	My Father is the Great Lord of the Universe.	ਮੇਰਾ (ਉਹ) ਪਿਉ ਬੜਾ ਵੱਡਾ ਮਾਲਕ ਹੈ।
21550	476	ਤਿਸੁ ਪਿਤਾ ਪਹਿ ਹਉ ਕਿਉ ਕਰਿ ਜਾਈ॥		This Pithaa Pehi Ho Kio Kar Jaaee ||	How shall I go to that Father?	(ਜੇ ਕੋਈ ਪੁੱਛੇ ਕਿ) ਮੈਂ (ਕੰਗਾਲ ਕਬੀਰ) ਉਸ ਪਿਤਾ ਪਾਸ ਕਿਵੇਂ ਅੱਪੜ ਗਿਆ ਹਾਂ?
21551	476	ਸਤਿਗੁਰ ਮਿਲੇ ਤ ਮਾਰਗੁ ਦਿਖਾਇਆ॥		Sathigur Milae Th Maarag Dhikhaaeiaa ||	When I met the True Guru, He showed me the Way.	(ਤਾਂ ਇਸ ਦਾ ਉੱਤਰ ਇਹ ਹੈ ਕਿ ਜਦੋਂ) ਮੈਨੂੰ ਸਤਿਗੁਰੂ ਮਿਲ ਪਏ ਤਾਂ ਉਹਨਾਂ (ਪਿਤਾ-ਪ੍ਰਭੂ ਦੇ ਦੇਸ ਦਾ) ਰਾਹ ਵਿਖਾ ਦਿੱਤਾ,
21552	476	ਜਗਤ ਪਿਤਾ ਮੇਰੈ ਮਨਿ ਭਾਇਆ॥੩॥		Jagath Pithaa Maerai Man Bhaaeiaa ||3||	The Father of the Universe is pleasing to my mind. ||3||	ਤੇ ਜਗਤ ਦਾ ਪਿਉ-ਪ੍ਰਭੂ ਮੈਨੂੰ ਮੇਰੇ ਮਨ ਵਿਚ ਪਿਆਰਾ ਲੱਗ ਪਿਆ ॥੩॥

21553	476	ਹਉ ਪੂਤੁ ਤੇਰਾ ਤੂੰ ਬਾਪੁ ਮੇਰਾ॥		Ho Pooth Thaeraa Thoon Baap Maeraa ||	I am Your son, and You are my Father.	(ਹੁਣ ਮੈਂ ਨਿਸੰਗ ਹੋ ਕੇ ਉਸ ਨੂੰ ਆਖਦਾ ਹਾਂ, ਹੇ ਪ੍ਰਭੂ!) ਮੈਂ ਤੇਰਾ ਬੱਚਾ ਹਾਂ, ਤੂੰ ਮੇਰਾ ਪਿਉ ਹੈਂ,
21554	476	ਏਕੈ ਠਾਹਰ ਦੁਹਾ ਬਸੇਰਾ॥	(ਠਾਹਰ) ਥਾਂ। (ਬਸੇਰਾ) ਵਾਸਾ	Eaekai Thaahar Dhuhaa Basaeraa ||	We both dwell in the same place.	ਅਸਾਡਾ ਦੋਹਾਂ ਦਾ (ਹੁਣ) ਇੱਕੋ ਥਾਂ ਹੀ (ਮੇਰੇ ਹਿਰਦੇ ਵਿਚ) ਨਿਵਾਸ ਹੈ।
21555	476	ਕਹੁ ਕਬੀਰ ਜਨਿ ਏਕੋ ਬੂਝਿਆ॥	ਬੂੱਝਿਆ	Kahu Kabeer Jan Eaeko Boojhiaa ||	Says Kabeer, the Lord's humble servant knows only the One.	ਕਬੀਰ ਆਖਦਾ ਹੈ- ਮੈਂ ਦਾਸ ਨੇ ਉਸ ਇੱਕ ਪ੍ਰਭੂ ਨੂੰ ਪਛਾਣ ਲਿਆ ਹੈ (ਪ੍ਰਭੂ ਨਾਲ ਸਾਂਝ ਪਾ ਲਈ ਹੈ।)
21556	476	ਗੁਰ ਪ੍ਰਸਾਦਿ ਮੈ ਸਭੁ ਕਿਛੁ ਸੂਝਿਆ॥੪॥੩॥	ਸੁੱਝਿਆ	Gur Prasaadh Mai Sabh Kishh Soojhiaa ||4||3||	By Guru's Grace, I have come to know everything. ||4||3||	ਸਤਿਗੁਰੂ ਦੀ ਕਿਰਪਾ ਨਾਲ ਮੈਨੂੰ (ਜੀਵਨ ਦੇ ਰਸਤੇ ਦੀ) ਸਾਰੀ ਸੂਝ ਪੈ ਗਈ ਹੈ ॥੪॥੩॥
21557	476	ਆਸਾ॥		Aasaa ||	Aasaa:	
21558	476	ਇਕਤੁ ਪਤਰਿ ਭਰਿ ਉਰਕਟ ਕੁਰਕਟ ਇਕਤੁ ਪਤਰਿ ਭਰਿ ਪਾਨੀ॥	(ਪੱਤਰਿ) ਭਾਂਡੇ ਚ। (ਉਰਕਟ) ਰਿੰਨ੍ਹਿਆ ਹੋਇਆ (ਕੁਰਕਟ) ਕੁੱਕੜ	Eikath Pathar Bhar Ourakatt Kurakatt Eikath Pathar Bhar Paanee ||	In one pot, they put a boiled chicken, and in the other pot, they put wine.	(ਮਾਇਆ ਦੇ ਬਲਵਾਨ) ਪੰਜ ਕਾਮਦਿਕਾਂ ਨਾਲ ਮੇਲ-ਜੋਲ ਰੱਖਣ ਵਾਲੇ ਮਨੁੱਖ ਇੱਕ ਭਾਂਡੇ ਵਿਚ ਕੁੱਕੜ (ਆਦਿਕ) ਦਾ ਰਿੰਨ੍ਹਿਆ ਹੋਇਆ ਮਾਸ ਪਾ ਲੈਂਦੇ ਹਨ, ਦੂਜੇ ਭਾਂਡੇ ਵਿਚ ਸ਼ਰਾਬ ਪਾ ਲੈਂਦੇ ਹਨ।

21559	476	ਆਸਿ ਪਾਸਿ ਪੰਚ ਜੋਗੀਆ ਬੈਠੇ ਬੀਚਿ ਨਕਟ ਦੇ ਰਾਨੀ॥੧॥	(ਨਕਟ) ਨੱਕ ਕੱਟੀ (ਰਾਨੀ) ਮਾਇਆ	Aas Paas Panch Jogeeaa Baithae Beech Nakatt Dhae Raanee ||1||	The five Yogis of the Tantric ritual sit there, and in their midst sits the noseless one, the shameless queen. ||1||	(ਇਸ ਮਾਸ-ਸ਼ਰਾਬ ਦੇ) ਆਲੇ-ਦੁਆਲੇ ਬੈਠ ਜਾਂਦੇ ਹਨ, ਇਹਨਾਂ (ਵਿਸ਼ਈ ਬੰਦਿਆਂ) ਦੇ ਅੰਦਰ ਨਿਲੱਜ ਮਾਇਆ (ਦਾ ਪ੍ਰਭਾਵ) ਹੁੰਦਾ ਹੈ ॥੧॥
21560	476	ਨਕਟੀ ਕੋ ਠਨਗਨੁ ਬਾਡਾ ਡੂੰ॥	(ਨਕਟੀ) ਨੱਕ ਵੱਢੀ ਮਾਇਆ। (ਠਨਗਨੁ)ਚਮਤਕਾਰ, ਡੌਰੂ। (ਬਾਡਾ)ਵੱਡਾ। (ਡੂੰ) ਦੋ ਲੋਕਾਂਚ ਵੱਜ ਰਿਹਾ	Nakattee Ko Thanagan Baaddaa Ddoon ||	The bell of the shameless queen, Maya, rings in both worlds.	ਨਿਲੱਜ ਮਾਇਆ ਦਾ ਵਾਜਾ (ਸਾਰੇ ਜਗਤ ਵਿਚ) ਠਨ-ਠਨ ਕਰ ਕੇ ਵੱਜ ਰਿਹਾ ਹੈ।
21561	476	ਕਿਨਹਿ ਬਿਬੇਕੀ ਕਾਟੀ ਤੂੰ॥੧॥ਰਹਾਉ॥	(ਬਿਬੇਕੀ) ਵਿਚਾਰਵਾਨ	Kinehi Bibaekee Kaattee Thoon ||1|| Rehaao ||	Some rare person of discriminating wisdom has cut off your nose. ||1||Pause||	ਹੇ ਮਾਇਆ! ਕਿਸੇ ਵਿਰਲੇ ਵਿਚਾਰਵਾਨ ਨੇ ਤੇਰਾ ਬਲ ਪੈਣ ਨਹੀਂ ਦਿੱਤਾ ॥੧॥ ਰਹਾਉ ॥
21562	476	ਸਗਲ ਮਾਹਿ ਨਕਟੀ ਕਾ ਵਾਸਾ ਸਗਲ ਮਾਰਿ ਅਉ ਹੇਰੀ॥	(ਅਉ)ਪੁਨਾ। (ਹੇਰੀ)ਤੱਕਦੀ ਹੈ। (੨. ਅਉਹੇਰੀ)	Sagal Maahi Nakattee Kaa Vaasaa Sagal Maar Aouhaeree ||	Within all dwells the noseless Maya, who kills all, and destroys them.	(ਜਿੱਧਰ ਤੱਕੋ) ਸਭ ਜੀਵਾਂ ਦੇ ਮਨਾਂ ਵਿਚ ਨਿਲੱਜ ਮਾਇਆ ਦਾ ਜ਼ੋਰ ਪੈ ਰਿਹਾ ਹੈ, ਮਾਇਆ ਸਭਨਾਂ (ਦੇ ਆਤਮਕ ਜੀਵਨ) ਨੂੰ ਮਾਰ ਕੇ ਗਹੁ ਨਾਲ ਵੇਖਦੀ ਹੈ (ਕਿ ਕੋਈ ਬਚ ਤਾਂ ਨਹੀਂ ਰਿਹਾ)।

21563	476	ਸਗਲਿਆ ਕੀ ਹਉ ਬਹਿਨ ਭਾਨਜੀ ਜਿਨਹਿ ਬਰੀ ਤਿਸੁ ਚੇਰੀ॥੨॥	(ਜਿਨਹਿ) ਜਿੰਨ੍ਹਾਂ ਨੂੰ ਵਾਹਿਗੁਰੂ ਜੀ ਨੇ (ਬਰੀ) ਮੁਕਤ ਕੀਤਾ ਹੈ। (ਚੇਰੀ) ਦਾਸੀ	Sagaliaa Kee Ho Behin Bhaanajee Jinehi Baree This Chaeree ||2||	She says, ""I am the sister, and the daughter of the sister of everyone; I am the hand-maiden of one who marries me.""||2||	(ਮਾਇਆ, ਮਾਨੋ, ਆਖਦੀ ਹੈ-) ਮੈਂ ਸਭ ਜੀਵਾਂ ਦੀ ਭੈਣ ਭਣੇਵੀਂ ਹਾਂ (ਭਾਵ, ਸਾਰੇ ਜੀਵ ਮੈਨੂੰ ਤਰਲੇ ਲੈ ਲੈ ਕੇ ਇਕੱਠੀ ਕਰਦੇ ਹਨ), ਪਰ ਜਿਸ ਮਨੁੱਖ ਨੇ ਮੈਨੂੰ ਵਿਆਹ ਲਿਆ ਹੈ (ਭਾਵ, ਜਿਸ ਨੇ ਆਪਣੇ ਉੱਤੇ ਮੇਰਾ ਜ਼ੋਰ ਨਹੀਂ ਪੈਣ ਦਿੱਤਾ) ਮੈਂ ਉਸ ਦੀ ਦਾਸੀ ਹੋ ਜਾਂਦੀ ਹਾਂ ॥੨॥
21564	476	ਹਮਰੋ ਭਰਤਾ ਬਡੋ ਬਿਬੇਕੀ ਆਪੇ ਸੰਤੁ ਕਹਾਵੈ॥		Hamaro Bharathaa Baddo Bibaekee Aapae Santh Kehaavai ||	My Husband is the Great One of discriminating wisdom; He alone is called a Saint.	ਕੋਈ ਵੱਡਾ ਗਿਆਨਵਾਨ ਮਨੁੱਖ ਹੀ, ਜਿਸ ਨੂੰ ਜਗਤ ਸੰਤ ਆਖਦਾ ਹੈ, ਮੇਰਾ (ਮਾਇਆ ਦਾ) ਖਸਮ ਬਣ ਸਕਦਾ ਹੈ।
21565	476	ਓਹੁ ਹਮਾਰੈ ਮਾਥੈ ਕਾਇਮੁ ਅਉਰੁ ਹਮਰੈ ਨਿਕਟਿ ਨ ਆਵੈ॥੩॥		Ouhu Hamaarai Maathhai Kaaeim Aour Hamarai Nikatt N Aavai ||3||	He stands by me, and no one else comes near me. ||3||	ਉਹੀ ਮੇਰੇ ਉੱਤੇ ਕਾਬੂ ਪਾ ਰੱਖਣ ਦੇ ਸਮਰਥ ਹੁੰਦਾ ਹੈ। ਹੋਰ ਕੋਈ ਤਾਂ ਮੇਰੇ ਨੇੜੇ ਭੀ ਨਹੀਂ ਢੁਕ ਸਕਦਾ (ਭਾਵ, ਕਿਸੇ ਹੋਰ ਦੀ ਮੇਰੇ ਅੱਗੇ ਪੇਸ਼ ਨਹੀਂ ਜਾ ਸਕਦੀ) ॥੩॥
21566	476	ਨਾਕਹੁ ਕਾਟੀ ਕਾਨਹੁ ਕਾਟੀ ਕਾਟਿ ਕੂਟਿ ਕੈ ਡਾਰੀ॥	(ਡਾਰੀ) ਪਰੇ ਸੁੱਟ ਦਿੱਤੀ	Naakahu Kaattee Kaanahu Kaattee Kaatt Koott Kai Ddaaree ||	I have cut off her nose, and cut off her ears, and cutting her into bits, I have expelled her.	ਸੰਤ ਜਨਾਂ ਨੇ ਮਾਇਆ ਨੂੰ ਨੱਕ ਤੋਂ ਕੱਟ ਦਿੱਤਾ ਹੈ, ਚੰਗੀ ਤਰ੍ਹਾਂ ਕੱਟ ਕੇ ਪਰੇ ਸੁੱਟ ਦਿੱਤਾ ਹੈ।

21567	476	ਕਹੁ ਕਬੀਰ ਸੰਤਨ ਕੀ ਬੈਰਨਿ ਤੀਨਿ ਲੋਕ ਕੀ ਪਿਆਰੀ॥੪॥੪॥		Kahu Kabeer Santhan Kee Bairan Theen Lok Kee Piaaree ||4||4||	Says Kabeer, she is the darling of the three worlds, but the enemy of the Saints. ||4||4||	ਕਬੀਰ ਆਖਦਾ ਹੈ- ਮਾਇਆ ਸੰਤਾਂ ਨਾਲ ਸਦਾ ਵੈਰ ਕਰਦੀ ਹੈ (ਕਿਉਂਕਿ ਉਹਨਾਂ ਦੇ ਆਤਮਕ ਜੀਵਨ ਉੱਤੇ ਚੋਟ ਕਰਨ ਦਾ ਸਦਾ ਜਤਨ ਕਰਦੀ ਹੈ), ਪਰ ਸਾਰੇ ਜਗਤ ਦੇ ਜੀਵ ਇਸ ਨਾਲ ਪਿਆਰ ਕਰਦੇ ਹਨ ॥੪॥੪॥
21568	476	ਆਸਾ॥		Aasaa ||	Aasaa:	
21569	476	ਜੋਗੀ ਜਤੀ ਤਪੀ ਸੰਨਿਆਸੀ ਬਹੁ ਤੀਰਥ ਭ੍ਰਮਨਾ॥		Jogee Jathee Thapee Sanniaasee Bahu Theerathh Bhramanaa ||	The Yogis, celibates, penitents and Sannyaasees make pilgrimages to all the sacred places.	(ਕਈ ਲੋਕ) ਜੋਗੀ ਹਨ, ਜਤੀ ਹਨ, ਤਪੀ ਹਨ, ਸੰਨਿਆਸੀ ਹਨ, ਬਹੁਤ ਤੀਰਥਾਂ ਤੇ ਜਾਣ ਵਾਲੇ ਹਨ,
21570	476	ਲੁੰਜਿਤ ਮੁੰਜਿਤ ਮੋਨਿ ਜਟਾਧਰ ਅੰਤਿ ਤਊ ਮਰਨਾ॥੧॥	(ਲੁੰ-ਜਿਤ) ਸਰੇਵੜੇ। (ਮੁੰ-ਜਿਤ) ਬ੍ਰਹਮਚਾਰੀ, ਬੈਰਾਗੀ। (ਮੋਨਿ) ਮੋਨਧਾਰੀ	Lunjith Munjith Mon Jattaadhhar Anth Thoo Maranaa ||1||	The Jains with shaven heads, the silent ones, the beggars with matted hair - in the end, they all shall die. ||1||	ਸ੍ਰੇਵੜੇ ਹਨ, ਬੈਰਾਗੀ ਹਨ, ਮੋਨਧਾਰੀ ਹਨ, ਜਟਾਧਾਰੀ ਹਨ- ਇਹ ਸਾਰੇ ਸਾਧਨ ਕਰਦਿਆਂ ਭੀ ਜਨਮ ਮਰਨ ਦਾ ਗੇੜ ਬਣਿਆ ਰਹਿੰਦਾ ਹੈ ॥੧॥
21571	476	ਤਾ ਤੇ ਸੇਵੀਅਲੇ ਰਾਮ ਨਾ॥	(ਨਾ)ਨਾਮੁ	Thaa Thae Saeveealae Raamanaa ||	Meditate, therefore, on the Lord.	ਸੋ ਸਭ ਤੋਂ ਚੰਗੀ ਗੱਲ ਇਹ ਹੈ ਕਿ ਪ੍ਰਭੂ ਦਾ ਨਾਮ ਸਿਮਰਿਆ ਜਾਏ।

21572	476	ਰਸਨਾ ਰਾਮ ਨਾਮ ਹਿਤੁ ਜਾ ਕੈ ਕਹਾ ਕਰੈ ਜਮਨਾ॥੧॥ਰਹਾਉ॥	(ਹਿਤੁ) ਪ੍ਰੇਮ। (ਜਮਨਾ)ਜਮ	Rasanaa Raam Naam Hith Jaa Kai Kehaa Karai Jamanaa ||1|| Rehaao ||	What can the Messenger of Death do to one whose tongue loves the Name of the Lord? ||1||Pause||	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦੇ ਨਾਮ ਦਾ ਪਿਆਰ ਹੈ, ਜੋ ਮਨੁੱਖ ਜੀਭ ਨਾਲ ਨਾਮ ਸਿਮਰਦਾ ਹੈ, ਜਮ ਉਸ ਦਾ ਕੁਝ ਨਹੀਂ ਵਿਗਾੜ ਸਕਦਾ (ਕਿਉਂਕਿ ਉਸ ਦਾ ਜਨਮ ਮਰਨ ਮੁੱਕ ਜਾਂਦਾ ਹੈ) ॥੧॥ ਰਹਾਉ ॥
21573	476	ਆਗਮ ਨਿਰਗਮਜੋਤਿਕ ਜਾਨਹਿ ਬਹੁ ਬਹੁ ਬਿਆਕਰਨਾ॥	(ਆਗਮ)ਸ਼ਾਸ਼ਤ੍ਰ। (ਨਿਰਗਮ) ਵੇਦ। (ਜੋਤਿਕ)ਜੋਤਿਸ਼	Aagam Niragam Jothik Jaanehi Bahu Bahu Biaakaranaa ||	Those who know the Shaastras and the Vedas, astrology and the rules of grammar of many languages;	ਜੋ ਲੋਕ ਸ਼ਾਸਤ੍ਰ ਵੇਦ ਜੋਤਿਸ਼ ਤੇ ਕਈ ਵਿਆਕਰਣ ਜਾਣਦੇ ਹਨ,
21574	477	ਤੰਤ ਮੰਤ੍ਰ ਸਭ ਅਉਖਧ ਜਾਨਹਿ ਅੰਤਿ ਤਊ ਮਰਨਾ॥੨॥		Thanth Manthr Sabh Aoukhadhh Jaanehi Anth Thoo Maranaa ||2||	Those who know Tantras and mantras and all medicines - even they shall die in the end. ||2||	ਜੋ ਮਨੁੱਖ ਜਾਦੂ ਟੂਣੇ ਮੰਤ੍ਰ ਤੇ ਦਵਾਈਆਂ ਜਾਣਦੇ ਹਨ, ਉਹਨਾਂ ਦਾ ਭੀ ਜਨਮ ਮਰਨ ਦਾ ਚੱਕਰ ਨਹੀਂ ਮੁੱਕਦਾ ॥੨॥
21575	477	ਰਾਜ ਭੋਗ ਅਰੁ ਛਤ੍ਰ ਸਿੰਘਾਸਨ ਬਹੁ ਸੁੰਦਰਿ ਰਮਨਾ॥	(ਰਮਨਾ) ਇਸਤ੍ਰੀਆਂ	Raaj Bhog Ar Shhathr Singhaasan Bahu Sundhar Ramanaa ||	Those who enjoy regal power and rule, royal canopies and thrones, many beautiful women,	ਕਈ ਐਸੇ ਹਨ ਜੋ ਰਾਜ ਦੀਆਂ ਮੌਜਾਂ ਮਾਣਦੇ ਹਨ, ਤਖ਼ਤ ਉੱਤੇ ਬੈਠੇ ਹਨ, ਜਿਨ੍ਹਾਂ ਦੇ ਸਿਰ ਉੱਤੇ ਛਤਰ ਝੁਲਦਾ ਹੈ, (ਮਹਿਲਾਂ ਵਿਚ) ਸੁੰਦਰ ਨਾਰਾਂ ਹਨ,

21576	477	ਪਾਨ ਕਪੂਰ ਸੁਬਾਸਕ ਚੰਦਨ ਅੰਤਿ ਤਊ ਮਰਨਾ॥੩॥	(ਸੁਬਾਸਕ)ਸ਼੍ਰੇਸ਼ਟ ਵਾਸ਼ਨਾ	Paan Kapoor Subaasak Chandhan Anth Thoo Maranaa ||3||	Betel nuts, camphor and fragrant sandalwood oil - in the end, they too shall die. ||3||	ਜੋ ਪਾਨ ਕਪੂਰ ਸੁੰਦਰ ਸੁਗੰਧੀ ਦੇਣ ਵਾਲੇ ਚੰਦਨ ਵਰਤਦੇ ਹਨ- ਮੌਤ ਦਾ ਗੇੜ ਉਹਨਾਂ ਦੇ ਸਿਰ ਤੇ ਭੀ ਮੌਜੂਦ ਹੈ ॥੩॥
21577	477	ਬੇਦ ਪੁਰਾਨ ਸਿੰਮ੍ਰਿਤਿ ਸਭ ਖੋਜੇ ਕਹੂ ਨ ਊਬਰਨਾ॥	(ਊਬਰਨਾ) ਬਚਾਉ। ਸਿੰਮ-ਰ੍ਿਤਿ	Baedh Puraan Sinmrith Sabh Khojae Kehoo N Oobaranaa ||	I have searched all the Vedas, Puraanas and Simritees, but none of these can save anyone.	ਵੇਦ, ਪੁਰਾਨ, ਸਿਮ੍ਰਿਤੀਆਂ ਸਾਰੇ ਖੋਜ ਵੇਖੇ ਹਨ (ਪ੍ਰਭੂ ਦੇ ਨਾਮ ਦੀ ਓਟ ਤੋਂ ਬਿਨਾ ਹੋਰ ਕਿਤੇ ਭੀ ਜਨਮ ਮਰਨ ਦੇ ਗੇੜ ਤੋਂ ਬਚਾਉ ਨਹੀਂ ਮਿਲਦਾ;
21578	477	ਕਹੁ ਕਬੀਰ ਇਉ ਰਾਮਹਿ ਜੰਪਉ ਮੇਟਿ ਜਨਮ ਮਰਨਾ॥੪॥੫॥	(ਜੰਪਉ) ਜਪਦਾ ਹਾਂ	Kahu Kabeer Eio Raamehi Janpo Maett Janam Maranaa ||4||5||	Says Kabeer, meditate on the Lord, and eliminate birth and death. ||4||5||	ਕਬੀਰ ਆਖਦਾ ਹੈ- ਸੋ, ਮੈਂ ਤਾਂ ਪਰਮਾਤਮਾ ਦਾ ਨਾਮ ਸਿਮਰਦਾ ਹਾਂ, ਪ੍ਰਭੂ ਦਾ ਨਾਮ ਹੀ ਜਨਮ ਮਰਨ ਮਿਟਾਂਦਾ ਹੈ ॥੪॥੫॥
21579	477	ਆਸਾ॥		Aasaa ||	Aasaa:	
21580	477	ਫੀਲੁ ਰਬਾਬੀ ਬਲਦੁ ਪਖਾਵਜ ਕਉਆ ਤਾਲ ਬਜਾਵੈ॥	(ਫਲ਼ਿ) ਹਾਥੀ	Feel Rabaabee Baladh Pakhaavaj Kooaa Thaal Bajaavai ||	The elephant is the guitar player, the ox is the drummer, and the crow plays the cymbals.	(ਮਨ ਦਾ) ਹਾਥੀ (ਵਾਲਾ ਸੁਭਾਉ) ਰਬਾਬੀ (ਬਣ ਗਿਆ ਹੈ), ਬਲਦ (ਵਾਲਾ ਸੁਭਾਉ) ਜੋੜੀ ਵਜਾਣ ਵਾਲਾ (ਹੋ ਗਿਆ ਹੈ) ਅਤੇ ਕਾਂ (ਵਾਲਾ ਸੁਭਾਉ) ਤਾਲ ਵਜਾ ਰਿਹਾ ਹੈ।

21581	477	ਪਹਿਰਿ ਚੋਲਨਾ ਗਦਹਾ ਨਾਚੈ ਭੈਸਾ ਭਗਤਿ ਕਰਾਵੈ॥੧॥		Pehir Cholanaa Gadhehaa Naachai Bhaisaa Bhagath Karaavai ||1||	Putting on the skirt, the donkey dances around, and the water buffalo performs devotional worship. ||1||	ਖੋਤਾ (-ਖੋਤੇ ਵਾਲਾ ਸੁਭਾਉ) (ਪ੍ਰੇਮ ਰੂਪੀ) ਚੋਲਾ ਪਾ ਕੇ ਨੱਚ ਰਿਹਾ ਹੈ, ਅਤੇ ਭੈਂਸਾ (ਭਾਵ, ਭੈਂਸੇ ਵਾਲਾ ਸੁਭਾਉ) ਭਗਤੀ ਕਰਦਾ ਹੈ ॥੧॥
21582	477	ਰਾਜਾਰਾਮ ਕਕਰੀਆ ਬਰੇ ਪਕਾਏ॥	ਕੱਕਰੀਆ। (੨. ਕਕਰੀ ਆਬਰੇ)	Raajaa Raam Kakareeaa Barae Pakaaeae ||	The Lord, the King, has cooked the cakes of ice,	ਹੇ ਮੇਰੇ ਸੁਹਣੇ ਰਾਮ ਅੱਕਾਂ ਦੀਆਂ ਖੱਖੜੀਆਂ (ਹੁਣ) ਪੱਕੇ ਹੋਏ ਅੰਬ ਬਣ ਗਏ ਹਨ,
21583	477	ਕਿਨੈ ਬੂਝਨਹਾਰੈ ਖਾਏ॥੧॥ਰਹਾਉ॥		Kinai Boojhanehaarai Khaaeae ||1|| Rehaao ||	But only the rare man of understanding eats them. ||1||Pause||	ਪਰ ਖਾਧੇ ਕਿਸੇ ਵਿਰਲੇ ਵਿਚਾਰ ਵਾਲੇ ਨੇ ਹਨ ॥੧॥ ਰਹਾਉ ॥
21584	477	ਬੈਠਿ ਸਿੰਘੁ ਘਰਿ ਪਾਨ ਲਗਾਵੈ ਘੀਸ ਗਲਉਰੇ ਲਿਆਵੈ॥	(ਘੀਸ)ਚਕਚੂੰਦ੍ਰ। (ਗ-ਲਉਰੇ) ਲੱਡੂ ਵਾ ਪਾਨਾ ਦੇ ਬੀੜੇ	Baith Singh Ghar Paan Lagaavai Ghees Galourae Liaavai ||	Sitting in his den, the lion prepares the betel leaves, and the muskrat brings the betel nuts.	(ਮਨ-) ਸਿੰਘ ਆਪਣੇ ਸ੍ਵੈ-ਸਰੂਪ ਵਿਚ ਟਿਕ ਕੇ (ਭਾਵ, ਮਨ ਦਾ ਨਿਰਦਇਤਾ ਵਾਲਾ ਸੁਭਾਉ ਹਟ ਕੇ ਹੁਣ ਇਹ) ਸੇਵਾ ਦਾ ਆਹਰ ਕਰਦਾ ਹੈ ਤੇ (ਮਨ-) ਘੀਸ ਪਾਨਾਂ ਦੇ ਬੀੜੇ ਵੰਡ ਰਹੀ ਹੈ, (ਭਾਵ, ਮਨ ਤ੍ਰਿਸ਼ਨਾ ਛੱਡ ਕੇ ਹੋਰਨਾਂ ਦੀ ਸੇਵਾ ਕਰਦਾ ਹੈ)।

21585	477	ਘਰਿ ਘਰਿ ਮੁਸਰੀ ਮੰਗਲੁ ਗਾਵਹਿ ਕਛੂਆ ਸੰਖੁ ਬਜਾਵੈ॥੨॥	(ਮੁਸਰੀ) ਚੂਹੀਆਂ।ਮੁਸਰੀ:ਪੋਲਾ ਬੋਲੋ	Ghar Ghar Musaree Mangal Gaavehi Kashhooaa Sankh Bajaavai ||2||	Going from house to house, the mouse sings the songs of joy, and the turtle blows on the conch-shell. ||2||	ਸਾਰੀਆਂ ਇੰਦ੍ਰੀਆਂ ਆਪੋ ਆਪਣੇ ਗੋਲਕ-ਅਸਥਾਨ ਵਿਚ ਰਹਿ ਕੇ ਹਰੀ-ਜਸ ਰੂਪ ਮੰਗਲ ਗਾ ਰਹੀਆਂ ਹਨ ਤੇ (ਉਹੀ) ਮਨ (ਜੋ ਪਹਿਲਾਂ) ਕੱਛੂ-ਕੁੰਮਾ (ਸੀ, ਭਾਵ, ਜੋ ਪਹਿਲਾਂ ਸਤਸੰਗ ਤੋਂ ਦੂਰ ਭੱਜਦਾ ਸੀ, ਹੁਣ) ਹੋਰਨਾਂ ਨੂੰ ਉਪਦੇਸ਼ ਕਰ ਰਿਹਾ ਹੈ ॥੨॥
21586	477	ਬੰਸ ਕੋ ਪੂਤੁ ਬੀਆਹਨ ਚਲਿਆ ਸੁਇਨੇ ਮੰਡਪ ਛਾਏ॥	(ਬੰਸ) ਬਾਂਝ ਇਸਤ੍ਰੀ	Bans Ko Pooth Beeaahan Chaliaa Sueinae Manddap Shhaaeae ||	The son of the sterile woman goes to get married, and the golden canopy is spread out for him.	(ਜੋ ਪਹਿਲਾਂ) ਮਾਇਆ ਵਿਚ ਵੇੜ੍ਹਿਆ ਹੋਇਆ (ਸੀ, ਉਹ) ਮਨ (ਸੁਅੱਛ ਬ੍ਰਿਤੀ) ਵਿਆਹੁਣ ਤੁਰ ਪਿਆ ਹੈ, (ਹੁਣ) ਅੰਦਰ ਖਿੜਾਉ ਹੀ ਖਿੜਾਉ ਬਣ ਗਿਆ ਹੈ।
21587	477	ਰੂਪ ਕੰਨਿਆ ਸੁੰਦਰਿ ਬੇਧੀ ਸਸੈ ਸਿੰਘ ਗੁਨ ਗਾਏ॥੩॥	(ਸਸੈ)ਸਹੇ।ਸਸੈ:ਪੋਲਾ ਬੋਲੋ	Roop Kanniaa Sundhar Baedhhee Sasai Singh Gun Gaaeae ||3||	He marries a beautiful and enticing young woman; the rabbit and the lion sing their praises. ||3||	ਉਸ ਮਨ ਨੇ (ਹਰੀ ਨਾਲ ਜੁੜੀ ਉਹ ਬ੍ਰਿਤੀ-ਰੂਪ) ਸੁੰਦਰੀ ਵਿਆਹ ਲਈ ਹੈ ਜੋ ਵਿਕਾਰਾਂ ਵਲੋਂ ਕੁਆਰੀ ਹੈ (ਅਤੇ ਹੁਣ ਉਹ ਮਨ ਜੋ ਪਹਿਲਾਂ ਵਿਕਾਰਾਂ ਵਿਚ ਪੈਣ ਦੇ ਕਾਰਨ) ਸਹਿਆ (ਸੀ, ਭਾਵ, ਸਹਮਿਆ ਰਹਿੰਦਾ ਸੀ) ਨਿਰਭਉ ਹਰੀ ਦੇ ਗੁਣ ਗਾਉਂਦਾ ਹੈ ॥੩॥

21588	477	ਕਹਤ ਕਬੀਰ ਸੁਨਹੁ ਰੇ ਸੰਤਹੁ ਕੀਟੀ ਪਰਬਤੁ ਖਾਇਆ॥		Kehath Kabeer Sunahu Rae Santhahu Keettee Parabath Khaaeiaa ||	Says Kabeer, listen, O Saints - the ant has eaten the mountain.	ਕਬੀਰ ਆਖਦਾ ਹੈ-ਹੇ ਸੰਤ ਜਨੋਂ! ਸੁਣਹੁ (ਹੁਣ ਮਨ ਦੀ) ਨਿੰਮ੍ਰਤਾ ਨੇ ਅਹੰਕਾਰ ਨੂੰ ਮੁਕਾ ਦਿੱਤਾ ਹੈ।
21589	477	ਕਛੂਆ ਕਹੈ ਅੰਗਾਰ ਭਿ ਲੋਰਉ ਲੂਕੀ ਸਬਦੁ ਸੁਨਾਇਆ॥੪॥੬॥		Kashhooaa Kehai Angaar Bh Loro Lookee Sabadh Sunaaeiaa ||4||6||	The turtle says, ""I need a burning coal, also."" Listen to this mystery of the Shabad. ||4||6||	(ਮਨ ਦਾ) ਕੋਰਾਪਨ (ਹਟ ਗਿਆ ਹੈ, ਤੇ ਮਨ) ਕਹਿੰਦਾ ਹੈ, ਮੈਨੂੰ ਨਿੱਘ ਚਾਹੀਦਾ ਹੈ, (ਭਾਵ, ਹੁਣ ਮਨ ਇਨਸਾਨੀ ਹਮਦਰਦੀ ਦੇ ਗੁਣ ਦਾ ਚਾਹਵਾਨ ਹੈ)। (ਮਨ ਦੀ) ਅਗਿਆਨਤਾ ਉਲਟ ਕੇ ਗਿਆਨ ਬਣ ਗਿਆ ਹੈ, ਤੇ (ਹੁਣ ਮਨ ਹੋਰਨਾਂ ਨੂੰ) ਗੁਰੂ ਦਾ ਸ਼ਬਦ ਸੁਣਾ ਰਿਹਾ ਹੈ ॥੪॥੬॥
21590	477	ਆਸਾ॥		Aasaa ||	Aasaa:	
21591	477	ਬਟੂਆ ਏਕੁ ਬਹਤਰਿ ਆਧਾਰੀ ਏਕੋ ਜਿਸਹਿ ਦੁਆਰਾ॥	(ਬਟੂਆ) ਜੋਗੀ ਦੀ ਸੁਆਹ ਰੱਖਣ ਵਾਲੀ ਥੈਲੀ। (ਬ-ਹੱਤਰਿ) ਨਾੜੀਆਂ ਵਾਲਾ ਸ੍ਰੀਰ। (ਆਧਾਰੀ) ਝੋਲ਼ੀ	Battooaa Eaek Behathar Aadhhaaree Eaeko Jisehi Dhuaaraa ||	The body is a bag with seventy-two chambers, and one opening, the Tenth Gate.	ਉਹ ਜੋਗੀ ਇਕ ਪ੍ਰਭੂ-ਨਾਮ ਨੂੰ ਆਪਣਾ ਬਟੂਆ ਬਣਾਉਂਦਾ ਹੈ, ਬਹੱਤਰ ਵੱਡੀਆਂ ਨਾੜੀਆਂ ਵਾਲੇ ਸਰੀਰ ਨੂੰ ਝੋਲੀ ਬਣਾਉਂਦਾ ਹੈ, ਜਿਸ ਸਰੀਰ ਵਿਚ ਪ੍ਰਭੂ ਨੂੰ ਮਿਲਣ ਲਈ (ਦਿਮਾਗ਼ ਰੂਪ) ਇੱਕੋ ਹੀ ਬੂਹਾ ਹੈ।

21592	477	ਨਵੈ ਖੰਡ ਕੀ ਪ੍ਰਿਥਮੀ ਮਾਗੈ ਸੋ ਜੋਗੀ ਜਗਿ ਸਾਰਾ॥੧॥	(ਸਾਰਾ) ਸ੍ਰੇਸ਼ਟ। ਪ੍ਰਿਥਮੀ	Navai Khandd Kee Prithhamee Maagai So Jogee Jag Saaraa ||1||	He alone is a real Yogi on this earth, who asks for the primal world of the nine regions. ||1||	ਉਹ ਜੋਗੀ ਇਸ ਸਰੀਰ ਦੇ ਅੰਦਰ ਹੀ ਟਿਕ ਕੇ (ਪ੍ਰਭੂ ਦੇ ਦਰ ਤੋਂ ਨਾਮ ਦੀ) ਭਿੱਖਿਆ ਮੰਗਦਾ ਹੈ (ਸਾਡੀਆਂ ਨਜ਼ਰਾਂ ਵਿਚ ਤਾਂ) ਉਹ ਜੋਗੀ ਜਗਤ ਵਿਚ ਸਭ ਤੋਂ ਸ੍ਰੇਸ਼ਟ ਹੈ ॥੧॥
21593	477	ਐਸਾ ਜੋਗੀ ਨਉ ਨਿਧਿ ਪਾਵੈ॥		Aisaa Jogee No Nidhh Paavai ||	Such a Yogi obtains the nine treasures.	ਉਹ ਮਨੁੱਖ ਹੈ ਅਸਲ ਜੋਗੀ, ਉਸ ਨੂੰ (ਮਾਨੋ) ਨੌ ਖ਼ਜ਼ਾਨੇ ਮਿਲ ਜਾਂਦੇ ਹਨ,
21594	477	ਤਲ ਕਾ ਬ੍ਰਹਮੁ ਲੇ ਗਗਨਿ ਚਰਾਵੈ॥੧॥ਰਹਾਉ॥	ਚਰ੍ਹਾਵੈ	Thal Kaa Breham Lae Gagan Charaavai ||1|| Rehaao ||	He lifts his soul up from below, to the skies of the Tenth Gate. ||1||Pause||	ਜੋ ਮਾਇਆ-ਗ੍ਰਸੇ ਆਤਮਾ ਨੂੰ ਚੁੱਕ ਕੇ ਮਾਇਆ ਦੇ ਪ੍ਰਭਾਵ ਤੋਂ ਉੱਚਾ ਲੈ ਜਾਂਦਾ ਹੈ ॥੧॥ ਰਹਾਉ ॥
21595	477	ਖਿੰਥਾ ਗਿਆਨ ਧਿਆਨ ਕਰਿ ਸੂਈ ਸਬਦੁ ਤਾਗਾ ਮਥਿ ਘਾਲੈ॥	(ਖਿੰਥਾ) ਖਫਣੀ। (ਮਥਿ) ਵੱਟ ਕੇ।ਮਥਿ:ਪੋਲਾ ਬੋਲੋ	Khinthhaa Giaan Dhhiaan Kar Sooee Sabadh Thaagaa Mathh Ghaalai ||	He makes spiritual wisdom his patched coat, and meditation his needle. He twists the thread of the Word of the Shabad.	ਅਸਲ ਜੋਗੀ ਗਿਆਨ ਦੀ ਗੋਦੜੀ ਬਣਾਉਂਦਾ ਹੈ, ਪ੍ਰਭੂ-ਚਰਨਾਂ ਵਿਚ ਜੁੜੀ ਹੋਈ ਸੁਰਤਿ ਦੀ ਸੂਈ ਤਿਆਰ ਕਰਦਾ ਹੈ, ਗੁਰੂ ਦਾ ਸ਼ਬਦ-ਰੂਪ ਧਾਗਾ ਵੱਟ ਕੇ (ਭਾਵ, ਮੁੜ ਮੁੜ ਸ਼ਬਦ ਦੀ ਕਮਾਈ ਕਰ ਕੇ) ਉਸ ਸੂਈ ਵਿਚ ਪਾਂਦਾ ਹੈ;

21596	477	ਪੰਚ ਤਤੁ ਕੀ ਕਰਿ ਮਿਰਗਾਣੀ ਗੁਰ ਕੈ ਮਾਰਗਿ ਚਾਲੈ॥੨॥	(ਪੰਚ ਤਤੁ) ਸ੍ਰੀਰ ਰੂਪੀ (ਮਿਰਗਾਣੀ) ਮ੍ਰਿਗਸ਼ਾਲਾ, ਆਸਣ	Panch Thath Kee Kar Miragaanee Gur Kai Maarag Chaalai ||2||	Making the five elements his deer skin to sit on, he walks on the Guru's Path. ||2||	ਸਰੀਰ ਦੇ ਮੋਹ ਨੂੰ ਪੈਰਾਂ ਹੇਠ ਦੇ ਕੇ ਸਤਿਗੁਰੂ ਦੇ ਦੱਸੇ ਹੋਏ ਰਾਹ ਉੱਤੇ ਤੁਰਦਾ ਹੈ ॥੨॥
21597	477	ਦਇਆ ਫਾਹੁਰੀ ਕਾਇਆ ਕਰਿ ਧੂਈ ਦ੍ਰਿਸਟਿ ਕੀ ਅਗਨਿ ਜਲਾਵੈ॥	ਧੂਣੀ ਚੋਂ ਸੁਆਹ ਇਕੱਠੀ ਕਰਨ ਵਾਲੀ (ਫਾਹੁਰੀ) ਫਹੁੜੀ	Dhaeiaa Faahuree Kaaeiaa Kar Dhhooee Dhrisatt Kee Agan Jalaavai ||	He makes compassion his shovel, his body the firewood, and he kindles the fire of divine vision.	ਅਸਲ ਜੋਗੀ ਆਪਣੇ ਸਰੀਰ ਦੀ ਧੂਣੀ ਬਣਾ ਕੇ ਉਸ ਵਿਚ (ਪ੍ਰਭੂ ਨੂੰ ਹਰ ਥਾਂ ਵੇਖਣ ਵਾਲੀ) ਨਜ਼ਰ ਦੀ ਅੱਗ ਬਾਲਦਾ ਹੈ (ਤੇ ਇਸ ਸਰੀਰ-ਰੂਪ ਧੂਏਂ ਵਿਚ ਭਲੇ ਗੁਣ ਇਕੱਠੇ ਕਰਨ ਲਈ) ਦਇਆ ਨੂੰ ਪਹੌੜੀ ਬਣਾਉਂਦਾ ਹੈ,
21598	477	ਤਿਸ ਕਾ ਭਾਉ ਲਏ ਰਿਦ ਅੰਤਰਿ ਚਹੁ ਜੁਗ ਤਾੜੀ ਲਾਵੈ॥੩॥	(ਤਾੜੀ) ਸਮਾਧੀ	This Kaa Bhaao Leae Ridh Anthar Chahu Jug Thaarree Laavai ||3||	He places love within his heart, and he remains in deep meditation throughout the four ages. ||3||	ਉਸ ਪਰਮਾਤਮਾ ਦਾ ਪਿਆਰ ਆਪਣੇ ਹਿਰਦੇ ਵਿਚ ਵਸਾਉਂਦਾ ਹੈ ਤੇ ਇਸ ਤਰ੍ਹਾਂ ਸਦਾ ਲਈ ਆਪਣੀ ਸੁਰਤ ਪ੍ਰਭੂ-ਚਰਨਾਂ ਵਿਚ ਜੋੜੀ ਰੱਖਦਾ ਹੈ ॥੩॥
21599	477	ਸਭ ਜੋਗਤਣ ਰਾਮ ਨਾਮੁ ਹੈ ਜਿਸ ਕਾ ਪਿੰਡੁ ਪਰਾਨਾ॥	(ਜੋਗੱਤਣ)ਜੋਗ ਦਾ ਸਿਧਾਂਤ। (ਪਿੰਡੁ) ਸ੍ਰੀਰ। (ਪਰਾਨਾ) ਪ੍ਰਾਣ	Sabh Jogathan Raam Naam Hai Jis Kaa Pindd Paraanaa ||	All Yoga is in the Name of the Lord; the body and the breath of life belong to Him.	ਜਿਸ ਪ੍ਰਭੂ ਦਾ ਦਿੱਤਾ ਹੋਇਆ ਇਹ ਸਰੀਰ ਤੇ ਜਿੰਦ ਹਨ, ਉਸ ਦਾ ਨਾਮ ਸਿਮਰਨਾ ਸਭ ਤੋਂ ਚੰਗਾ ਜੋਗ ਦਾ ਆਹਰ ਹੈ।

21600	477	ਕਹੁ ਕਬੀਰ ਜੇ ਕਿਰਪਾ ਧਾਰੈ ਦੇਇ ਸਚਾ ਨੀਸਾਨਾ॥੪॥੭॥	(ਨੀਸਾਨਾ) ਪਰਵਾਨਾ	Kahu Kabeer Jae Kirapaa Dhhaarai Dhaee Sachaa Neesaanaa ||4||7||	Says Kabeer, if God grants His Grace, He bestows the insignia of Truth. ||4||7||	ਕਬੀਰ ਆਖਦਾ ਹੈ- ਜੇ ਪ੍ਰਭੂ ਆਪ ਮਿਹਰ ਕਰੇ ਤਾਂ ਉਹ ਇਹ ਸਦਾ-ਥਿਰ ਰਹਿਣ ਵਾਲਾ ਨੂਰ ਬਖ਼ਸ਼ਦਾ ਹੈ ॥੪॥੭॥
21601	477	ਆਸਾ॥		Aasaa ||	Aasaa:	
21602	477	ਹਿੰਦੂ ਤੁਰਕ ਕਹਾ ਤੇ ਆਏ ਕਿਨਿ ਏਹ ਰਾਹ ਚਲਾਈ॥		Hindhoo Thurak Kehaa Thae Aaeae Kin Eaeh Raah Chalaaee ||	Where have the Hindus and Muslims come from? Who put them on their different paths?	ਹਿੰਦੂ ਤੇ ਮੁਸਲਮਾਨ (ਇਕ ਪਰਮਾਤਮਾ ਤੋਂ ਬਿਨਾ ਹੋਰ) ਕਿਥੋਂ ਪੈਦਾ ਹੋਏ ਹਨ, (ਪ੍ਰਭੂ ਤੋਂ ਬਿਨਾ ਹੋਰ) ਕਿਸ ਨੇ ਇਹ ਰਸਤੇ ਤੋਰੇ; (ਜਦੋਂ ਦੋਹਾਂ ਮਤਾਂ ਦੇ ਬੰਦੇ ਰੱਬ ਨੇ ਹੀ ਪੈਦਾ ਕੀਤੇ ਹਨ, ਤਾਂ ਉਹ ਕਿਸ ਨਾਲ ਵਿਤਕਰਾ ਕਰ ਸਕਦਾ ਹੈ?)
21603	477	ਦਿਲ ਮਹਿ ਸੋਚਿ ਬਿਚਾਰਿ ਕਵਾਦੇ ਭਿਸਤ ਦੋਜਕ ਕਿਨਿ ਪਾਈ॥੧॥	(ਕਵਾਦੇ)ਖੋਟੇ ਝਘੜਾਲੂ	Dhil Mehi Soch Bichaar Kavaadhae Bhisath Dhojak Kin Paaee ||1||	Think of this, and contemplate it within your mind, O men of evil intentions. Who will go to heaven and hell? ||1||	ਕੋਝੇ ਝਗੜਾਲੂ (ਆਪਣੇ ਮਤ ਨੂੰ ਸੱਚਾ ਸਾਬਤ ਕਰਨ ਲਈ ਬਹਿਸਾਂ ਕਰਨ ਦੇ ਥਾਂ, ਅਸਲੀਅਤ ਲੱਭਣ ਲਈ) ਆਪਣੇ ਦਿਲ ਵਿਚ ਸੋਚ ਤੇ ਵਿਚਾਰ ਕਰ ਕਿ ਕਿਸ ਨੇ ਬਹਿਸ਼ਤ ਲੱਭਾ ਤੇ ਕਿਸ ਨੇ ਦੋਜ਼ਕ? (ਭਾਵ, ਸਿਰਫ਼ ਮੁਸਲਮਾਨ ਅਖਵਾਉਣ ਨਾਲ ਬਹਿਸ਼ਤ ਨਹੀਂ ਮਿਲ ਜਾਂਦਾ, ਤੇ ਹਿੰਦੂ ਰਿਹਾਂ ਦੋਜ਼ਕ ਵਿਚ ਨਹੀਂ ਪਈਦਾ) ॥੧॥

21604	477	ਕਾਜੀ ਤੈ ਕਵਨ ਕਤੇਬ ਬਖਾਨੀ॥		Kaajee Thai Kavan Kathaeb Bakhaanee ||	O Qazi, which book have you read?	ਹੇ ਕਾਜ਼ੀ! ਤੂੰ ਕਿਹੜੀਆਂ ਕਿਤਾਬਾਂ ਵਿਚੋਂ ਦੱਸ ਰਿਹਾ ਹੈਂ (ਕਿ ਮੁਸਲਮਾਨ ਨੂੰ ਬਹਿਸ਼ਤ ਤੇ ਹਿੰਦੂ ਨੂੰ ਦੋਜ਼ਕ ਮਿਲੇਗਾ)?
21605	477	ਪੜ੍ਹਤ ਗੁਨਤ ਐਸੇ ਸਭ ਮਾਰੇ ਕਿਨਹੂੰ ਖਬਰਿ ਨ ਜਾਨੀ॥੧॥ਰਹਾਉ॥		Parrhath Gunath Aisae Sabh Maarae Kinehoon Khabar N Jaanee ||1|| Rehaao ||	Such scholars and students have all died, and none of them have discovered the inner meaning. ||1||Pause||	(ਹੇ ਕਾਜ਼ੀ!) ਤੇਰੇ ਵਰਗੇ ਪੜ੍ਹਨ ਤੇ ਵਿਚਾਰਨ ਵਾਲੇ (ਭਾਵ, ਜੋ ਮਨੁੱਖ ਤੇਰੇ ਵਾਂਗ ਤਅੱਸਬ ਦੀ ਪੱਟੀ ਅੱਖਾਂ ਅੱਗੇ ਬੰਨ੍ਹ ਕੇ ਮਜ਼ਹਬੀ ਕਿਤਾਬਾਂ ਪੜ੍ਹਦੇ ਹਨ) ਸਭ ਖ਼ੁਆਰ ਹੁੰਦੇ ਹਨ। ਕਿਸੇ ਨੂੰ ਅਸਲੀਅਤ ਦੀ ਸਮਝ ਨਹੀਂ ਪਈ ॥੧॥ ਰਹਾਉ ॥
21606	477	ਸਕਤਿ ਸਨੇਹੁ ਕਰਿ ਸੁੰਨਤਿ ਕਰੀਐ ਮੈ ਨ ਬਦਉਗਾ ਭਾਈ॥	(ਸਕਤਿ)ਇਸਤ੍ਰੀ ਦੇ ਪ੍ਰੇਮਕਰਕੇ, ਇਬ੍ਰਾਹੀਮ ਜੀ ਨੇ ਸੁਨੰਤ ਕਰਵਾਈ ਸੀ। ਰੱਬ ਜੀ ਵੱਲੋਂ ਸੁੰਨਤ ਹੋਈ, ਮੈਂ ਨਹੀਂ (ਬਦਉ-ਗਾ) ਮੰਨਾਗਾ	Sakath Sanaehu Kar Sunnath Kareeai Mai N Badhougaa Bhaaee ||	Because of the love of woman, circumcision is done; I don't believe in it, O Siblings of Destiny.	(ਇਹ) ਸੁੰਨਤ (ਤਾਂ) ਔਰਤ ਦੇ ਪਿਆਰ ਦੀ ਖ਼ਾਤਰ ਕੀਤੀ ਜਾਂਦੀ ਹੈ। ਹੇ ਭਾਈ! ਮੈਂ ਨਹੀਂ ਮੰਨ ਸਕਦਾ (ਕਿ ਇਸ ਦਾ ਰੱਬ ਦੇ ਮਿਲਣ ਨਾਲ ਕੋਈ ਸੰਬੰਧ ਹੈ)।
21607	477	ਜਉ ਰੇ ਖੁਦਾਇ ਮੋਹਿ ਤੁਰਕੁ ਕਰੈਗਾ ਆਪਨ ਹੀ ਕਟਿ ਜਾਈ॥੨॥	ਕੱਟਿ	Jo Rae Khudhaae Mohi Thurak Karaigaa Aapan Hee Katt Jaaee ||2||	If God wished me to be a Muslim, it would be cut off by itself. ||2||	ਜੇ ਰੱਬ ਨੇ ਮੈਨੂੰ ਮੁਸਲਮਾਨ ਬਣਾਉਣਾ ਹੋਇਆ, ਤਾਂ ਮੇਰੀ ਸੁੰਨਤ ਆਪਣੇ ਆਪ ਹੀ ਹੋ ਜਾਇਗੀ ॥੨॥

21608	477	ਸੁੰਨਤਿ ਕੀਏ ਤੁਰਕੁ ਜੇ ਹੋਇਗਾ ਅਉਰਤ ਕਾ ਕਿਆ ਕਰੀਐ॥		Sunnath Keeeae Thurak Jae Hoeigaa Aourath Kaa Kiaa Kareeai ||	If circumcision makes one a Muslim, then what about a woman?	ਪਰ, ਜੇ ਸਿਰਫ਼ ਸੁੰਨਤ ਕੀਤਿਆਂ ਹੀ ਮੁਸਲਮਾਨ ਬਣ ਸਕੀਦਾ ਹੈ, ਤਾਂ ਔਰਤ ਦੀ ਸੁੰਨਤ ਤਾਂ ਹੋ ਹੀ ਨਹੀਂ ਸਕਦੀ।
21609	477	ਅਰਧ ਸਰੀਰੀ ਨਾਰਿ ਨ ਛੋਡੈ ਤਾ ਤੇ ਹਿੰਦੂ ਹੀ ਰਹੀਐ॥੩॥		Aradhh Sareeree Naar N Shhoddai Thaa Thae Hindhoo Hee Reheeai ||3||	She is the other half of a man's body, and she does not leave him, so he remains a Hindu. ||3||	ਵਹੁਟੀ ਮਨੁੱਖ ਦੇ ਜੀਵਨ ਦੀ ਹਰ ਵੇਲੇ ਦੀ ਸਾਂਝੀਵਾਲ ਹੈ, ਇਹ ਤਾਂ ਕਿਸੇ ਵੇਲੇ ਸਾਥ ਛੱਡਦੀ ਨਹੀਂ। ਸੋ, (ਅਧਵਾਟੇ ਰਹਿਣ ਨਾਲੋਂ) ਹਿੰਦੂ ਟਿਕੇ ਰਹਿਣਾ ਹੀ ਚੰਗਾ ਹੈ ॥੩॥
21610	477	ਛਾਡਿ ਕਤੇਬ ਰਾਮੁ ਭਜੁ ਬਉਰੇ ਜੁਲਮ ਕਰਤ ਹੈ ਭਾਰੀ॥		Shhaadd Kathaeb Raam Bhaj Bourae Julam Karath Hai Bhaaree ||	Give up your holy books, and remember the Lord, you fool, and stop oppressing others so badly.	ਮਜ਼ਹਬੀ ਕਿਤਾਬਾਂ ਦੀਆਂ ਬਹਿਸਾਂ ਛੱਡ ਕੇ ਪਰਮਾਤਮਾ ਦਾ ਭਜਨ ਕਰ, (ਬੰਦਗੀ ਛੱਡ ਕੇ, ਤੇ ਬਹਿਸਾਂ ਵਿਚ ਪੈ ਕੇ) ਤੂੰ ਆਪਣੇ ਆਪ ਉੱਤੇ ਬੜਾ ਜ਼ੁਲਮ ਕਰ ਰਿਹਾ ਹੈਂ।
21611	477	ਕਬੀਰੈ ਪਕਰੀ ਟੇਕ ਰਾਮ ਕੀ ਤੁਰਕ ਰਹੇ ਪਚਿ ਹਾਰੀ॥੪॥੮॥	(ਪਚਿ)ਖਪ ਖਪ	Kabeerai Pakaree Ttaek Raam Kee Thurak Rehae Pachihaaree ||4||8||	Kabeer has grasped hold of the Lord's Support, and the Muslims have utterly failed. ||4||8||	ਕਬੀਰ ਨੇ ਤਾਂ ਇਕ ਪਰਮਾਤਮਾ (ਦੇ ਸਿਮਰਨ) ਦਾ ਆਸਰਾ ਲਿਆ ਹੈ, (ਝਗੜਾਲੂ) ਮੁਸਲਮਾਨ (ਬਹਿਸਾਂ ਵਿਚ ਹੀ) ਖ਼ੁਆਰ ਹੋ ਰਹੇ ਹਨ ॥੪॥੮॥
21612	477	ਆਸਾ॥		Aasaa ||	Aasaa:	

21613	477	ਜਬ ਲਗੁ ਤੇਲੁ ਦੀਵੇ ਮੁਖਿ ਬਾਤੀ ਤਬ ਸੂਝੈ ਸਭੁ ਕੋਈ॥		Jab Lag Thael Dheevae Mukh Baathee Thab Soojhai Sabh Koee ||	As long as the oil and the wick are in the lamp, everything is illuminated.	(ਜਿਵੇਂ) ਜਦ ਤਕ ਦੀਵੇ ਵਿਚ ਤੇਲ ਹੈ, ਤੇ ਦੀਵੇ ਦੇ ਮੂੰਹ ਵਿਚ ਵੱਟੀ ਹੈ, ਤਦ ਤਕ (ਘਰ ਵਿਚ) ਹਰੇਕ ਚੀਜ਼ ਨਜ਼ਰੀਂ ਆਉਂਦੀ ਹੈ।
21614	478	ਤੇਲ ਜਲੇ ਬਾਤੀ ਠਹਰਾਨੀ ਸੂੰਨਾ ਮੰਦਰੁ ਹੋਈ॥੧॥		Thael Jalae Baathee Theharaanee Soonnaa Mandhar Hoee ||1||	But when the oil is burnt, the wick goes out, and the mansion becomes desolate. ||1||	ਤੇਲ ਸੜ ਜਾਏ, ਵੱਟੀ ਬੁੱਝ ਜਾਏ, ਤਾਂ ਘਰ ਸੁੰਞਾ ਹੋ ਜਾਂਦਾ ਹੈ (ਤਿਵੇਂ, ਸਰੀਰ ਵਿਚ ਜਦ ਤਕ ਸੁਆਸ ਹਨ ਤੇ ਜ਼ਿੰਦਗੀ ਕਾਇਮ ਹੈ, ਤਦ ਤਕ ਹਰੇਕ ਚੀਜ਼ 'ਆਪਣੀ' ਜਾਪਦੀ ਹੈ, ਪਰ ਸੁਆਸ ਮੁੱਕ ਜਾਣ ਅਤੇ ਜ਼ਿੰਦਗੀ ਦੀ ਜੋਤ ਬੁੱਝ ਜਾਣ ਤੇ ਇਹ ਸਰੀਰ ਇਕੱਲਾ ਰਹਿ ਜਾਂਦਾ ਹੈ) ॥੧॥
21615	478	ਰੇ ਬਉਰੇ ਤੁਹਿ ਘਰੀ ਨ ਰਾਖੈ ਕੋਈ॥		Rae Bourae Thuhi Gharee N Raakhai Koee ||	O mad-man, no one will keep you, for even a moment.	(ਉਸ ਵੇਲੇ) ਹੇ ਕਮਲੇ! ਤੈਨੂੰ ਕਿਸੇ ਨੇ ਇਕ ਘੜੀ ਭੀ ਘਰ ਵਿਚ ਰਹਿਣ ਨਹੀਂ ਦੇਣਾ।
21616	478	ਤੂੰ ਰਾਮ ਨਾਮੁ ਜਪਿ ਸੋਈ॥੧॥ਰਹਾਉ॥		Thoon Raam Naam Jap Soee ||1|| Rehaao ||	Meditate on the Name of that Lord. ||1||Pause||	ਸੋ, ਰੱਬ ਦਾ ਨਾਮ ਜਪ, ਉਹੀ ਸਾਥ ਨਿਭਾਉਣ ਵਾਲਾ ਹੈ ॥੧॥ ਰਹਾਉ ॥

21617	478	ਕਾ ਕੀ ਮਾਤ ਪਿਤਾ ਕਹੁ ਕਾ ਕੋ ਕਵਨ ਪੁਰਖ ਕੀ ਜੋਈ॥	(ਜੋਈ) ਇਸਤ੍ਰੀ	Kaa Kee Maath Pithaa Kahu Kaa Ko Kavan Purakh Kee Joee ||	Tell me, whose mother is that, whose father is that, and which man has a wife?	ਇੱਥੇ ਦੱਸੋ, ਕਿਸ ਦੀ ਮਾਂ? ਕਿਸ ਦਾ ਪਿਉ? ਤੇ ਕਿਸ ਦੀ ਵਹੁਟੀ?
21618	478	ਘਟ ਫੂਟੇ ਕੋਊ ਬਾਤ ਨ ਪੂਛੈ ਕਾਢਹੁ ਕਾਢਹੁ ਹੋਈ॥੨॥	ਘਟ:ਪੋਲਾ ਬੋਲੋ	Ghatt Foottae Kooo Baath N Pooshhai Kaadtahu Kaadtahu Hoee ||2||	When the pitcher of the body breaks, no one cares for you at all. Everyone says, ""Take him away, take him away!""||2||	ਜਦੋਂ ਸਰੀਰ-ਰੂਪ ਭਾਂਡਾ ਭੱਜਦਾ ਹੈ, ਕੋਈ (ਇਸ ਦੀ) ਵਾਤ ਨਹੀਂ ਪੁੱਛਦਾ, (ਤਦੋਂ) ਇਹੀ ਪਿਆ ਹੁੰਦਾ ਹੈ (ਭਾਵ, ਹਰ ਪਾਸਿਓਂ ਇਹੀ ਆਵਾਜ਼ ਆਉਂਦੀ ਹੈ) ਕਿ ਇਸ ਨੂੰ ਛੇਤੀ ਬਾਹਰ ਕੱਢੋ ॥੨॥
21619	478	ਦੇਹੁਰੀ ਬੈਠੀ ਮਾਤਾ ਰੋਵੈ ਖਟੀਆ ਲੇ ਗਏ ਭਾਈ॥	(ਖਟੀਆ) ਅਰਥੀ	Dhaehuree Baithee Maathaa Rovai Khatteeaa Lae Geae Bhaaee ||	Sitting on the threshold, his mother cries, and his brothers take away the coffin.	ਘਰ ਦੀ ਦਲੀਜ਼ ਤੇ ਬੈਠੀ ਮਾਂ ਰੋਂਦੀ ਹੈ, (ਤੇ) ਭਰਾ ਮੰਜਾ ਚੁੱਕ ਕੇ (ਮਸਾਣਾਂ ਨੂੰ) ਲੈ ਜਾਂਦੇ ਹਨ।
21620	478	ਲਟ ਛਿਟਕਾਏ ਤਿਰੀਆ ਰੋਵੈ ਹੰਸੁ ਇਕੇਲਾ ਜਾਈ॥੩॥	(ਲਟ) ਕੇਸ (ਛਿਟਕਾਏ) ਖਲਾਰ ਕੇ (ਤਿਰੀਆ) ਵਹੁਟੀ। (ਹੰਸੁ) ਜੀਵਾਤਮਾ	Latt Shhittakaaeae Thireeaa Rovai Hans Eikaelaa Jaaee ||3||	Taking down her hair, his wife cries out in sorrow, and the swan-soul departs all alone. ||3||	ਕੇਸ ਖਿਲਾਰ ਕੇ ਵਹੁਟੀ ਪਈ ਰੋਂਦੀ ਹੈ, (ਪਰ) ਜੀਵਾਤਮਾ ਇਕੱਲਾ (ਹੀ) ਜਾਂਦਾ ਹੈ ॥੩॥

21621	478	ਕਹਤ ਕਬੀਰ ਸੁਨਹੁ ਰੇ ਸੰਤਹੁ ਭੈ ਸਾਗਰ ਕੈ ਤਾਈ॥	ਤਾਂਈ	Kehath Kabeer Sunahu Rae Santhahu Bhai Saagar Kai Thaaee ||	Says Kabeer, listen, O Saints, about the terrifying world-ocean.	ਕਬੀਰ ਕਹਿੰਦਾ ਹੈ-ਹੇ ਸੰਤ ਜਨੋ! ਇਸ ਡਰਾਉਣੇ ਸਮੁੰਦਰ ਦੀ ਬਾਬਤ ਸੁਣੋ (ਭਾਵ, ਆਖ਼ਰ ਸਿੱਟਾ ਇਹ ਨਿਕਲਦਾ ਹੈ)
21622	478	ਇਸੁ ਬੰਦੇ ਸਿਰਿ ਜੁਲਮੁ ਹੋਤ ਹੈ ਜਮੁ ਨਹੀ ਹਟੈ ਗੁਸਾਈ॥੪॥੯॥	ਗੁਸਾਂਈਂ	Eis Bandhae Sir Julam Hoth Hai Jam Nehee Hattai Gusaaee ||4||9||	This human suffers torture and the Messenger of Death will not leave him alone, O Lord of the World. ||4||9||	(ਕਿ ਜਿਨ੍ਹਾਂ ਨੂੰ 'ਆਪਣਾ' ਸਮਝਦਾ ਰਿਹਾ ਸੀ, ਉਹਨਾਂ ਨਾਲੋਂ ਸਾਥ ਟੁੱਟ ਜਾਣ ਤੇ, ਇਕੱਲੇ) ਇਸ ਜੀਵ ਉੱਤੇ (ਇਸ ਦੇ ਕੀਤੇ ਵਿਕਰਮਾਂ ਅਨੁਸਾਰ) ਮੁਸੀਬਤ ਆਉਂਦੀ ਹੈ, ਜਮ (ਦਾ ਡਰ) ਸਿਰੋਂ ਟਲਦਾ ਨਹੀਂ ਹੈ ॥੪॥੯॥
21623	478	ਦੁਤੁਕੇ		Dhuthukae	Du-Tukas	ਦੋ-ਤੁਕਿਆਂ ਵਾਲੀ ਬਾਣੀ।
21624	478	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
21625	478	ਆਸਾ ਸ੍ਰੀ ਕਬੀਰ ਜੀਉ ਕੇ ਚਉਪਦੇ ਇਕਤੁਕੇ॥		Aasaa Sree Kabeer Jeeo Kae Choupadhae Eikathukae ||	Aasaa Of Kabeer Jee, Chau-Padas, Ik-Tukas:	ਰਾਗ ਆਸਾ ਵਿੱਚ, ਭਗਤ ਕਬੀਰ ਜੀ ਦੀ ਚਾਰ-ਪਦਿਆਂ-ਇਕ-ਤੁਕਿਆਂ ਵਾਲੀ ਬਾਣੀ।
21626	478	ਸਨਕ ਸਨੰਦ ਅੰਤੁ ਨਹੀ ਪਾਇਆ॥		Sanak Sanandh Anth Nehee Paaeiaa ||	Sanak and Sanand, the sons of Brahma, could not find the Lord's limits.	ਸਨਕ ਸਨੰਦ (ਆਦਿਕ ਬ੍ਰਹਮਾ ਦੇ ਪੁੱਤਰਾਂ) ਨੇ ਭੀ (ਪਰਮਾਤਮਾ ਦੇ ਗੁਣਾਂ ਦਾ) ਅੰਤ ਨਹੀਂ ਲੱਭਾ,

21627	478	ਬੇਦ ਪੜੇ ਪੜਿ ਬ੍ਰਹਮੇ ਜਨਮੁ ਗਵਾਇਆ॥੧॥		Baedh Parrae Parr Brehamae Janam Gavaaeiaa ||1||	Brahma wasted his life away, continually reading the Vedas. ||1||	ਉਹਨਾਂ ਨੇ ਬ੍ਰਹਮਾ ਦੇ ਰਚੇ ਵੇਦ ਪੜ੍ਹ ਪੜ੍ਹ ਕੇ ਹੀ ਉਮਰ (ਵਿਅਰਥ) ਗਵਾ ਲਈ ॥੧॥
21628	478	ਹਰਿ ਕਾ ਬਿਲੋਵਨਾ ਬਿਲੋਵਹੁ ਮੇਰੇ ਭਾਈ॥	(ਬਿਲੋਵਨਾ) ਰਿੜਕਣਾ	Har Kaa Bilovanaa Bilovahu Maerae Bhaaee ||	Churn the churn of the Lord, O my Siblings of Destiny.	ਹੇ ਮੇਰੇ ਵੀਰ! ਮੁੜ ਮੁੜ ਪਰਮਾਤਮਾ ਦਾ ਸਿਮਰਨ ਕਰੋ,
21629	478	ਸਹਜਿ ਬਿਲੋਵਹੁ ਜੈਸੇ ਤਤੁ ਨ ਜਾਈ॥੧॥ਰਹਾਉ॥		Sehaj Bilovahu Jaisae Thath N Jaaee ||1|| Rehaao ||	Churn it steadily, so that the essence, the butter, may not be lost. ||1||Pause||	ਸਹਿਜ ਅਵਸਥਾ ਵਿਚ ਟਿਕ ਕੇ ਸਿਮਰਨ ਕਰੋ ਤਾਂ ਜੁ (ਇਸ ਉੱਦਮ ਦਾ) ਤੱਤ ਹੱਥੋਂ ਜਾਂਦਾ ਨਾਹ ਰਹੇ (ਭਾਵ, ਪ੍ਰਭੂ ਨਾਲ ਮਿਲਾਪ ਬਣ ਸਕੇ) ॥੧॥ ਰਹਾਉ ॥
21630	478	ਤਨੁ ਕਰਿ ਮਟੁਕੀ ਮਨ ਮਾਹਿ ਬਿਲੋਈ॥	(ਮਟੁਕੀ) ਚਾਟੀ	Than Kar Mattukee Man Maahi Biloee ||	Make your body the churning jar, and use the stick of your mind to churn it.	ਆਪਣੇ ਸਰੀਰ ਨੂੰ ਚਾਟੀ ਬਣਾਓ (ਭਾਵ, ਸਰੀਰ ਦੇ ਅੰਦਰੋਂ ਹੀ ਜੋਤ ਲੱਭਣੀ ਹੈ); ਮਨ ਨੂੰ ਭਟਕਣ ਤੋਂ ਬਚਾਈ ਰੱਖੋ-ਇਹ ਮਧਾਣੀ ਬਣਾਓ;
21631	478	ਇਸੁ ਮਟੁਕੀ ਮਹਿ ਸਬਦੁ ਸੰਜੋਈ॥੨॥	(ਸੰਜੋਈ) ਜਾਗ ਲਾਓ	Eis Mattukee Mehi Sabadh Sanjoee ||2||	Gather the curds of the Word of the Shabad. ||2||	ਇਸ (ਸਰੀਰ-ਰੂਪ) ਚਾਟੀ ਵਿਚ (ਸਤਿਗੁਰੂ ਦਾ) ਸ਼ਬਦ-ਰੂਪ ਜਾਗ ਲਾਓ (ਜੋ ਸਿਮਰਨ-ਰੂਪ ਦੁੱਧ ਵਿਚੋਂ ਪ੍ਰਭੂ-ਮਿਲਾਪ ਦਾ ਤੱਤ ਕੱਢਣ ਵਿਚ ਸਹਾਇਤਾ ਕਰੇ) ॥੨॥

21632	478	ਹਰਿ ਕਾ ਬਿਲੋਵਨਾ ਮਨ ਕਾ ਬੀਚਾਰਾ॥		Har Kaa Bilovanaa Man Kaa Beechaaraa ||	The churning of the Lord is to reflect upon Him within your mind.	ਜੋ ਮਨੁੱਖ ਆਪਣੇ ਮਨ ਵਿਚ ਪ੍ਰਭੂ ਦੀ ਯਾਦ-ਰੂਪ ਰਿੜਕਣ ਦਾ ਆਹਰ ਕਰਦਾ ਹੈ,
21633	478	ਗੁਰ ਪ੍ਰਸਾਦਿ ਪਾਵੈ ਅੰਮ੍ਰਿਤਧਾਰਾ॥੩॥		Gur Prasaadh Paavai Anmrith Dhhaaraa ||3||	By Guru's Grace, the Ambrosial Nectar flows into us. ||3||	ਉਸ ਨੂੰ ਸਤਿਗੁਰੂ ਦੀ ਕਿਰਪਾ ਨਾਲ (ਹਰਿ-ਨਾਮ ਰੂਪ) ਅੰਮ੍ਰਿਤ ਦਾ ਸੋਮਾ ਪ੍ਰਾਪਤ ਹੋ ਜਾਂਦਾ ਹੈ ॥੩॥
21634	478	ਕਹੁ ਕਬੀਰ ਨਦਰਿ ਕਰੇ ਜੇ ਮੀਰਾ॥	(ਮੀਰਾ) ਪਾਤਸ਼ਾਹ	Kahu Kabeer Nadhar Karae Jae Manaeeraa ||	Says Kabeer, if the Lord, our King casts His Glance of Grace,	ਕਬੀਰ ਆਖਦਾ ਹੈ- ਅਸਲ ਗੱਲ ਇਹ ਹੈ ਕਿ ਜਿਸ ਮਨੁੱਖ ਉੱਤੇ ਪਾਤਸ਼ਾਹ ਮਿਹਰ ਕਰਦਾ ਹੈ,
21635	478	ਰਾਮ ਨਾਮ ਲਗਿ ਉਤਰੇ ਤੀਰਾ॥੪॥੧॥੧੦॥	(ਤੀਰਾ) ਕੰਢੇ	Raam Naam Lag Outharae Theeraa ||4||1||10||	One is carried across to the other side, holding fast to the Lord's Name. ||4||1||10||	ਉਹ ਪਰਮਾਤਮਾ ਦਾ ਨਾਮ ਸਿਮਰ ਕੇ (ਸੰਸਾਰ-ਸਮੁੰਦਰ ਦੇ) ਪਾਰਲੇ ਕੰਢੇ ਜਾ ਲੱਗਦਾ ਹੈ ॥੪॥੧॥੧੦॥
21636	478	ਆਸਾ॥		Aasaa ||	Aasaa:	
21637	478	ਬਾਤੀ ਸੂਕੀ ਤੇਲੁ ਨਿਖੂਟਾ॥	(ਨਿਖੂਟਾ) ਮੁੱਕ ਗਿਆ	Baathee Sookee Thael Nikhoottaa ||	The wick has dried up, and the oil is exhausted.	ਜਦੋਂ ਮਾਇਆ ਦੇ ਮੋਹ ਦਾ ਤੇਲ (ਜੀਵ ਦੇ ਅੰਦਰੋਂ) ਮੁੱਕ ਜਾਂਦਾ ਹੈ, ਉਸ ਦੀ ਸੁਰਤ (ਮਾਇਆ ਵਾਲੇ ਪਾਸੇ ਤੋਂ) ਹਟ ਜਾਂਦੀ ਹੈ,

21638	478	ਮੰਦਲੁ ਨ ਬਾਜੈ ਨਟੁ ਪੈ ਸੂਤਾ॥੧॥	ਦਵੈਤ ਰੂਪੀ (ਮੰਦਲੁ) ਢੋਲ।ਮਨ ਰੂਪੀ (ਨਟੁ) ਨੱਚਣ ਵਾਲਾ।ਨਟੁ:ਪੋਲਾ ਬੋਲੋ। ਸੂੱਤਾ	Mandhal N Baajai Natt Pai Soothaa ||1||	The drum does not sound, and the actor has gone to sleep. ||1||	ਉਹ ਜੀਵ-ਨਟ (ਜੋ ਪਹਿਲਾਂ ਮਾਇਆ ਦਾ ਨਚਾਇਆ ਨੱਚ ਰਿਹਾ ਸੀ) ਹੁਣ (ਮਾਇਆ ਵਲੋਂ) ਬੇ-ਪਰਵਾਹ ਹੋ ਕੇ ਭਟਕਣੋਂ ਰਹਿ ਜਾਂਦਾ ਹੈ, ਉਸ ਦੇ ਅੰਦਰ ਮਾਇਆ ਦਾ ਸ਼ੋਰ-ਰੂਪ ਢੋਲ ਨਹੀਂ ਵੱਜਦਾ ॥੧॥
21639	478	ਬੁਝਿ ਗਈ ਅਗਨਿ ਨ ਨਿਕਸਿਓ ਧੂੰਆ॥	ਬੁਝਿ: ਪੋਲਾ ਬੋਲੋ	Bujh Gee Agan N Nikasiou Dhoonaa ||	The fire has gone out, and no smoke is produced.	ਜਿਸ ਮਨੁੱਖ ਦੇ ਅੰਦਰੋਂ ਤ੍ਰਿਸ਼ਨਾ ਦੀ ਅੱਗ ਬੁੱਝ ਜਾਂਦੀ ਹੈ ਤੇ ਤ੍ਰਿਸ਼ਨਾ ਵਿਚੋਂ ਉੱਠਣ ਵਾਲੀਆਂ ਵਾਸ਼ਨਾ ਮੁੱਕ ਜਾਂਦੀਆ ਹਨ,
21640	478	ਰਵਿ ਰਹਿਆ ਏਕੁ ਅਵਰੁ ਨਹੀ ਦੂਆ॥੧॥ਰਹਾਉ॥		Rav Rehiaa Eaek Avar Nehee Dhooaa ||1|| Rehaao ||	The One Lord is pervading and permeating everywhere; there is no other second. ||1||Pause||	ਉਸ ਨੂੰ ਹਰ ਥਾਂ ਇੱਕ ਪ੍ਰਭੂ ਹੀ ਵਿਆਪਕ ਦਿੱਸਦਾ ਹੈ, ਪ੍ਰਭੂ ਤੋਂ ਬਿਨਾ ਕੋਈ ਹੋਰ ਨਹੀਂ ਜਾਪਦਾ ॥੧॥ ਰਹਾਉ ॥
21641	478	ਟੂਟੀ ਤੰਤੁ ਨ ਬਜੈ ਰਬਾਬੁ॥	(ਤੰਤੁ) ਤਾਰ	Ttoottee Thanth N Bajai Rabaab ||	The string has broken, and the guitar makes no sound.	(ਤ੍ਰਿਸ਼ਨਾ ਮੁੱਕਣ ਤੇ) ਮੋਹ ਦੀ ਤਾਰ ਟੁੱਟ ਜਾਂਦੀ ਹੈ।
21642	478	ਭੂਲਿ ਬਿਗਾਰਿਓ ਅਪਨਾ ਕਾਜੁ॥੨॥		Bhool Bigaariou Apanaa Kaaj ||2||	He mistakenly ruins his own affairs. ||2||	(ਜਿਸ ਸਰੀਰਕ ਮੋਹ ਵਿਚ) ਫਸ ਕੇ ਪਹਿਲਾਂ ਮਨੁੱਖ ਆਪਣਾ (ਅਸਲ ਕਰਨ ਵਾਲਾ) ਕੰਮ ਖ਼ਰਾਬ ਕਰੀ ਜਾ ਰਿਹਾ ਸੀ, ਹੁਣ ਉਹ ਸਰੀਰਕ ਮੋਹ-ਰੂਪ ਰਬਾਬ ਵੱਜਦਾ ਹੀ ਨਹੀਂ ॥੨॥

21643	478	ਕਥਨੀ ਬਦਨੀ ਕਹਨੁ ਕਹਾਵਨੁ॥		Kathhanee Badhanee Kehan Kehaavan ||	When one comes to understand,	(ਸਰੀਰ ਦੀ ਖ਼ਾਤਰ ਹੀ) ਉਹ ਪਹਿਲੀਆਂ ਗੱਲਾਂ, ਉਹ ਤਰਲੇ-
21644	478	ਸਮਝਿ ਪਰੀ ਤਉ ਬਿਸਰਿਓ ਗਾਵਨੁ॥੩॥		Samajh Paree Tho Bisariou Gaavan ||3||	He forgets his preaching, ranting and raving, and arguing. ||3||	ਹੁਣ ਜਦੋਂ (ਜੀਵਨ ਦੀ) ਸਹੀ ਸਮਝ ਆ ਗਈ ਤਾਂ ਉਹ ਕੀਰਨੇ ਸਭ ਭੁੱਲ ਗਏ ॥੩॥
21645	478	ਕਹਤ ਕਬੀਰ ਪੰਚ ਜੋ ਚੂਰੇ॥	(ਚੂਰੇ) ਨਾਸ ਕੀਤੇ	Kehath Kabeer Panch Jo Choorae ||	Says Kabeer, the state of supreme dignity is never far	ਕਬੀਰ ਆਖਦਾ ਹੈ-ਜੋ ਮਨੁੱਖ ਪੰਜੇ ਕਾਮਾਦਿਕਾਂ ਨੂੰ ਮਾਰ ਲੈਂਦੇ ਹਨ,
21646	478	ਤਿਨ ਤੇ ਨਾਹਿ ਪਰਮਪਦੁ ਦੂਰੇ॥੪॥੨॥੧੧॥		Thin Thae Naahi Param Padh Dhoorae ||4||2||11||	From those who conquer the five demons of the body passions. ||4||2||11||	ਉਹਨਾਂ ਮਨੁੱਖਾਂ ਤੋਂ ਉੱਚੀ ਆਤਮਕ ਅਵਸਥਾ ਦੂਰ ਨਹੀਂ ਰਹਿ ਜਾਂਦੀ ॥੪॥੨॥੧੧॥
21647	478	ਆਸਾ॥		Aasaa ||	Aasaa:	
21648	478	ਸੁਤੁ ਅਪਰਾਧ ਕਰਤ ਹੈ ਜੇਤੇ॥		Suth Aparaadhh Karath Hai Jaethae ||	As many mistakes as the son commits,	ਪੁੱਤਰ ਭਾਵੇਂ ਕਿਤਨੀਆਂ ਹੀ ਗ਼ਲਤੀਆਂ ਕਰੇ,
21649	478	ਜਨਨੀ ਚੀਤਿ ਨ ਰਾਖਸਿ ਤੇਤੇ॥੧॥		Jananee Cheeth N Raakhas Thaethae ||1||	His mother does not hold them against him in her mind. ||1||	ਉਸ ਦੀ ਮਾਂ ਉਹ ਸਾਰੀਆਂ ਦੀਆਂ ਸਾਰੀਆਂ ਭੁਲਾ ਦੇਂਦੀ ਹੈ ॥੧॥
21650	478	ਰਾਮਈਆ ਹਉ ਬਾਰਿਕੁ ਤੇਰਾ॥	ਰਾ-ਮਈਆ	Raameeaa Ho Baarik Thaeraa ||	O Lord, I am Your child.	ਹੇ (ਮੇਰੇ) ਸੁਹਣੇ ਰਾਮ! ਮੈਂ ਤੇਰਾ ਅੰਞਾਣ ਬੱਚਾ ਹਾਂ,

21651	478	ਕਾਹੇ ਨ ਖੰਡਸਿ ਅਵਗਨੁ ਮੇਰਾ॥੧॥ਰਹਾਉ॥	(ਖੰਡਸਿ) ਨਾਸ ਕਰਦੇ	Kaahae N Khanddas Avagan Maeraa ||1|| Rehaao ||	Why not destroy my sins? ||1||Pause||	ਤੂੰ (ਮੇਰੇ ਅੰਦਰੋਂ) ਮੇਰੀਆਂ ਭੁੱਲਾਂ ਕਿਉਂ ਦੂਰ ਨਹੀਂ ਕਰਦਾ? ॥੧॥ ਰਹਾਉ ॥
21652	478	ਜੇ ਅਤਿ ਕ੍ਰੋਪ ਕਰੇ ਕਰਿ ਧਾਇਆ॥	(ਕ੍ਰੋਪ) ਕ੍ਰੋਧ। ਮਾਰਨ ਲਈ (ਧਾਇਆ) ਦੌੜੇ	Jae Ath Krop Karae Kar Dhhaaeiaa ||	If the son, in anger, runs away,	ਜੇ (ਮੂਰਖ ਬੱਚਾ) ਬੜਾ ਕ੍ਰੋਧ ਕਰ ਕਰ ਕੇ ਮਾਂ ਨੂੰ ਮਾਰਨ ਭੀ ਪਏ,
21653	478	ਤਾ ਭੀ ਚੀਤਿ ਨ ਰਾਖਸਿ ਮਾਇਆ॥੨॥	(ਮਾਇਆ) ਮਾਂ	Thaa Bhee Cheeth N Raakhas Maaeiaa ||2||	Even then, his mother does not hold it against him in her mind. ||2||	ਤਾਂ ਭੀ ਮਾਂ (ਉਸ ਦੇ ਮੂਰਖ-ਪੁਣੇ) ਚੇਤੇ ਨਹੀਂ ਰੱਖਦੀ ॥੨॥
21654	478	ਚਿੰਤ ਭਵਨਿ ਮਨੁ ਪਰਿਓ ਹਮਾਰਾ॥	(ਚਿੰਤ) ਚਿੰਤਾ	Chinth Bhavan Man Pariou Hamaaraa ||	My mind has fallen into the whirlpool of anxiety.	ਹੇ ਮੇਰੇ ਰਾਮ! ਮੇਰਾ ਮਨ ਚਿੰਤਾ ਦੇ ਖੂਹ ਵਿਚ ਪਿਆ ਹੋਇਆ ਹੈ (ਮੈਂ ਸਦਾ ਭੁੱਲਾਂ ਹੀ ਕਰਦਾ ਰਿਹਾ ਹਾਂ।)
21655	478	ਨਾਮ ਬਿਨਾ ਕੈਸੇ ਉਤਰਸਿ ਪਾਰਾ॥੩॥		Naam Binaa Kaisae Outharas Paaraa ||3||	Without the Naam, how can I cross over to the other side? ||3||	ਤੇਰਾ ਨਾਮ ਸਿਮਰਨ ਤੋਂ ਬਿਨਾ ਕਿਵੇਂ ਇਸ ਚਿੰਤਾ ਵਿਚੋਂ ਪਾਰ ਲੰਘੇ? ॥੩॥
21656	478	ਦੇਹਿ ਬਿਮਲ ਮਤਿ ਸਦਾ ਸਰੀਰਾ॥	(ਬਿਮਲ) ਨਿਰਮਲ	Dhaehi Bimal Math Sadhaa Sareeraa ||	Please, bless my body with pure and lasting understanding, Lord;	ਹੇ ਪ੍ਰਭੂ! ਮੇਰੇ ਇਸ ਸਰੀਰ ਨੂੰ (ਭਾਵ, ਮੈਨੂੰ) ਸਦਾ ਕੋਈ ਸੁਹਣੀ ਮੱਤ ਦੇਹ,

21657	478	ਸਹਜਿ ਸਹਜਿ ਗੁਨ ਰਵੈ ਕਬੀਰਾ॥੪॥੩॥੧੨॥		Sehaj Sehaj Gun Ravai Kabeeraa ||4||3||12||	In peace and poise, Kabeer chants the Praises of the Lord. ||4||3||12||	ਜਿਸ ਕਰਕੇ (ਤੇਰਾ ਬੱਚਾ) ਕਬੀਰ ਅਡੋਲ ਅਵਸਥਾ ਵਿਚ ਰਹਿ ਕੇ ਤੇਰੇ ਗੁਣ ਗਾਂਦਾ ਰਹੇ ॥੪॥੩॥੧੨॥
21658	478	ਆਸਾ॥		Aasaa ||	Aasaa:	
21659	478	ਹਜ ਹਮਾਰੀ ਗੋਮਤੀ ਤੀਰ॥	(ਹੱਜ)ਮੱਕੇ ਦੀ ਯਾਤ੍ਰਾ। ਗੋਮਤੀ ਨਦੀ ਦੇ (ਤੀਰ) ਕਿਨਾਰੇ ਹਿੰਦੂਆਂ ਦਾ ਇੱਕ ਤੀਰਥ	Haj Hamaaree Gomathee Theer ||	My pilgrimage to Mecca is on the banks of the Gomati River;	ਸਾਡਾ ਹੱਜ ਤੇ ਸਾਡਾ ਗੋਮਤੀ ਦਾ ਕੰਢਾ (ਇਹ ਮਨ ਹੀ ਹੈ),
21660	478	ਜਹਾ ਬਸਹਿ ਪੀਤੰਬਰ ਪੀਰ॥੧॥	(ਪੀਤੰਬਰ) ਪ੍ਰਭੂ ਜੀ	Jehaa Basehi Peethanbar Peer ||1||	The spiritual teacher in his yellow robes dwells there. ||1||	ਜਿਥੇ ਸ੍ਰੀ ਪ੍ਰਭੂ ਜੀ ਵੱਸ ਰਹੇ ਹਨ ॥੧॥
21661	478	ਵਾਹੁ ਵਾਹੁ ਕਿਆ ਖੂਬੁ ਗਾਵਤਾ ਹੈ॥		Vaahu Vaahu Kiaa Khoob Gaavathaa Hai ||	Waaho! Waaho! Hail! Hail! How wondrously he sings.	(ਮੇਰਾ ਮਨ) ਕਿਆ ਸੁਹਣੀ ਸਿਫ਼ਤਿ-ਸਾਲਾਹ ਕਰ ਰਿਹਾ ਹੈ,
21662	478	ਹਰਿ ਕਾ ਨਾਮੁ ਮੇਰੈ ਮਨਿ ਭਾਵਤਾ ਹੈ॥੧॥ਰਹਾਉ॥		Har Kaa Naam Maerai Man Bhaavathaa Hai ||1|| Rehaao ||	The Name of the Lord is pleasing to my mind. ||1||Pause||	(ਅਤੇ) ਹਰੀ ਦਾ ਨਾਮ ਮੇਰੇ ਮਨ ਵਿਚ ਪਿਆਰਾ ਲੱਗ ਰਿਹਾ ਹੈ (ਤਾਂ ਤੇ ਇਹੀ ਮਨ ਮੇਰਾ ਤੀਰਥ ਤੇ ਇਹੀ ਮੇਰਾ ਹੱਜ ਹੈ) ॥੧॥ ਰਹਾਉ ॥

21663	479	ਨਾਰਦ ਸਾਰਦ ਕਰਹਿ ਖਵਾਸੀ॥	(ਸਾਰਦ) ਸੁਰਸਤੀ ਦੇਵੀ। (ਖਵਾਸੀ) ਸੇਵਾ, ਚੋਬਦਾਰੀ	Naaradh Saaradh Karehi Khavaasee ||	Naarada the sage, and Shaarada the goddess of knowledge, serve the Lord.	ਨਾਰਦੁ ਭਗਤ ਤੇ ਸਾਰਦਾ ਦੇਵੀ ਭੀ ਉਸ ਸ੍ਰੀ ਪ੍ਰਭੂ ਜੀ ਦੀ ਟਹਿਲ ਕਰ ਰਹੇ ਹਨ (ਜੋ ਮੇਰੇ ਮਨ-ਤੀਰਥ ਤੇ ਵੱਸ ਰਿਹਾ ਹੈ)
21664	479	ਪਾਸਿ ਬੈਠੀ ਬੀਬੀ ਕਵਲਾ ਦਾਸੀ॥੨॥	(ਕਵਲਾ) ਮਾਇਆ, ਲਕਸ਼ਮੀ ਦੇਵੀ। ਬੀ-ਬੀ:ਪੋਲਾ ਬੋਲੋ	Paas Baithee Beebee Kavalaa Dhaasee ||2||	The goddess Lakhshmi sits by Him as His slave. ||2||	ਅਤੇ ਲੱਛਮੀ ਉਸ ਦੇ ਕੋਲ ਟਹਿਲਣ ਬਣ ਕੇ ਬੈਠੀ ਹੋਈ ਹੈ ॥੨॥
21665	479	ਕੰਠੇ ਮਾਲਾ ਜਿਹਵਾ ਰਾਮੁ॥	(ਕੰਠੇ) ਗਲ਼ ਚ	Kanthae Maalaa Jihavaa Raam ||	The mala is around my neck, and the Lord's Name is upon my tongue.	ਜੀਭ ਉੱਤੇ ਰਾਮ ਦਾ ਸਿਮਰਨ ਹੀ ਮੇਰੇ ਗਲ ਵਿਚ ਮਾਲਾ (ਸਿਮਰਨੀ) ਹੈ,
21666	479	ਸਹੰਸ ਨਾਮੁ ਲੈ ਲੈ ਕਰਉ ਸਲਾਮੁ॥੩॥	(ਸਹੰਸ) ਹਜ਼ਾਰਾਂ	Sehans Naam Lai Lai Karo Salaam ||3||	I repeat the Naam, the Name of the Lord, a thousand times, and bow in reverence to Him. ||3||	ਉਸ ਰਾਮ ਨੂੰ (ਜੋ ਮੇਰੇ ਮਨ-ਤੀਰਥ ਅਤੇ ਜੀਭ ਉੱਤੇ ਵੱਸ ਰਿਹਾ ਹੈ) ਮੈਂ ਹਜ਼ਾਰ ਨਾਮ ਲੈ ਲੈ ਕੇ ਪ੍ਰਣਾਮ ਕਰਦਾ ਹਾਂ ॥੩॥
21667	479	ਕਹਤ ਕਬੀਰ ਰਾਮ ਗੁਨ ਗਾਵਉ॥		Kehath Kabeer Raam Gun Gaavo ||	Says Kabeer, I sing the Glorious Praises of the Lord;	ਕਬੀਰ ਆਖਦਾ ਹੈ ਕਿ ਮੈਂ ਹਰੀ ਦੇ ਗੁਣ ਗਾਂਦਾ ਹਾਂ,
21668	479	ਹਿੰਦੂ ਤੁਰਕ ਦੋਊ ਸਮਝਾਵਉ॥੪॥੪॥੧੩॥		Hindhoo Thurak Dhooo Samajhaavo ||4||4||13||	I teach both Hindus and Muslims. ||4||4||13||	ਅਤੇ ਹਿੰਦੂ ਤੇ ਮੁਸਲਮਾਨ ਦੋਹਾਂ ਨੂੰ ਸਮਝਾਂਦਾ ਹਾਂ (ਕਿ ਮਨ ਹੀ ਤੀਰਥ ਤੇ ਹੱਜ ਹੈ, ਜਿੱਥੇ ਰੱਬ ਵੱਸਦਾ ਹੈ ਅਤੇ ਉਸ ਦੇ ਅਨੇਕਾਂ ਨਾਮ ਹਨ) ॥੪॥੪॥੧੩॥

21669	479	ਆਸਾ ਸ੍ਰੀ ਕਬੀਰ ਜੀਉ ਕੇ ਪੰਚਪਦੇ ੯ ਦੁਤੁਕੇ ੫	ਪੰਚਪਦੇ ਨੌਂ ਦੁਤੁਕੇ ਪੰਜ ਬੋਲੋ	Aasaa Sree Kabeer Jeeo Kae Panchapadhae 9 Dhuthukae 5	Aasaa, Kabeer Jee, 9 Panch-Padas, 5 Du-Tukas:	ਰਾਗ ਆਸਾ ਵਿੱਚ ਭਗਤ ਕਬੀਰ ਜੀ ਦੀ ਪੰਜ-ਬੰਦਾਂ-ਦੋ-ਤੁਕਿਆਂ ਵਾਲੀ ਬਾਣੀ।
21670	479	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
21671	479	ਪਾਤੀ ਤੋਰੈ ਮਾਲਿਨੀ ਪਾਤੀ ਪਾਤੀ ਜੀਉ॥	(ਪੱਾਤੀ) ਪੱਤੇ। (ਮਾ-ਲਿਨੀ) ਮਾਲਣ। (ਜੀਉ) ਜਿੰਦ	Paathee Thorai Maalinee Paathee Paathee Jeeo ||	You tear off the leaves, O gardener, but in each and every leaf, there is life.	(ਮੂਰਤੀ ਅੱਗੇ ਭੇਟ ਧਰਨ ਲਈ) ਮਾਲਣ ਪੱਤਰ ਤੋੜਦੀ ਹੈ, (ਪਰ ਇਹ ਨਹੀਂ ਜਾਣਦੀ ਕਿ) ਹਰੇਕ ਪੱਤਰ ਵਿਚ ਜਿੰਦ ਹੈ।
21672	479	ਜਿਸੁ ਪਾਹਨ ਕਉ ਪਾਤੀ ਤੋਰੈ ਸੋ ਪਾਹਨ ਨਿਰਜੀਉ॥੧॥	(ਪਾਹਨ) ਪੱਥਰ	Jis Paahan Ko Paathee Thorai So Paahan Nirajeeo ||1||	That stone idol, for which you tear off those leaves - that stone idol is lifeless. ||1||	ਜਿਸ ਪੱਥਰ (ਦੀ ਮੂਰਤੀ) ਦੇ ਖ਼ਾਤਰ (ਮਾਲਣ) ਪੱਤਰ ਤੋੜਦੀ ਹੈ, ਉਹ ਪੱਥਰ (ਦੀ ਮੂਰਤੀ) ਨਿਰਜਿੰਦ ਹੈ ॥੧॥
21673	479	ਭੂਲੀ ਮਾਲਨੀ ਹੈ ਏਉ॥		Bhoolee Maalanee Hai Eaeo ||	In this, you are mistaken, O gardener.	(ਇਕ ਨਿਰਜਿੰਦ ਮੂਰਤੀ ਦੀ ਸੇਵਾ ਕਰ ਕੇ) ਇਸ ਤਰ੍ਹਾਂ (ਇਹ) ਮਾਲਣ ਭੁੱਲ ਰਹੀ ਹੈ,
21674	479	ਸਤਿਗੁਰੁ ਜਾਗਤਾ ਹੈ ਦੇਉ॥੧॥ਰਹਾਉ॥	(ਦੇਉ) ਪ੍ਰਕਾਸ਼ ਸਰੂਪ ਹਰਿ ਜੀ	Sathigur Jaagathaa Hai Dhaeo ||1|| Rehaao ||	The True Guru is the Living Lord. ||1||Pause||	(ਅਸਲੀ ਇਸ਼ਟ) ਸਤਿਗੁਰੂ ਤਾਂ (ਜੀਉਂਦਾ) ਜਾਗਦਾ ਦੇਵਤਾ ਹੈ ॥੧॥ ਰਹਾਉ ॥

21675	479	ਬ੍ਰਹਮੁ ਪਾਤੀ ਬਿਸਨੁ ਡਾਰੀ ਫੂਲ ਸੰਕਰਦੇਉ॥	(ਬ੍ਰਹਮੁ) ਬ੍ਰਹਮਾ। (ਬਿਸਨੁ) ਵਿਸ਼ਨੂੰ। (ਸੰਕਰਦੇਉ) ਸ਼ਿਵਜੀ ਦੇਵਤਾ	Breham Paathee Bisan Ddaaree Fool Sankaradhaeo ||	Brahma is in the leaves, Vishnu is in the branches, and Shiva is in the flowers.	(ਹੇ ਮਾਲਣ!) ਪੱਤਰ ਬ੍ਰਹਮਾ-ਰੂਪ ਹਨ, ਡਾਲੀ ਵਿਸ਼ਨੂ-ਰੂਪ ਅਤੇ ਫੁੱਲ ਸ਼ਿਵ-ਰੂਪ;
21676	479	ਤੀਨਿ ਦੇਵ ਪ੍ਰਤਖਿ ਤੋਰਹਿ ਕਰਹਿ ਕਿਸ ਕੀ ਸੇਉ॥੨॥	(ਦੇਵ) ਦੇਵਤੇ। (ਸੇਉ) ਸੇਵਾ	Theen Dhaev Prathakh Thorehi Karehi Kis Kee Saeo ||2||	When you break these three gods, whose service are you performing? ||2||	ਇਹਨਾਂ ਤਿੰਨ ਦੇਵਤਿਆਂ ਨੂੰ ਤਾਂ ਤੂੰ ਆਪਣੇ ਸਾਹਮਣੇ ਨਾਸ ਕਰ ਰਹੀ ਹੈਂ, (ਫਿਰ) ਸੇਵਾ ਕਿਸ ਦੀ ਕਰਦੀ ਹੈਂ? ॥੨॥
21677	479	ਪਾਖਾਨ ਗਢਿ ਕੈ ਮੂਰਤਿ ਕੀਨੀ ਦੇ ਕੈ ਛਾਤੀ ਪਾਉ॥	(ਪਾਖਾਨ) ਪੱਥਰ। (ਗਢਿ) ਘੜ। (ਪਾਉ) ਪੈਰ	Paakhaan Gadt Kai Moorath Keenhee Dhae Kai Shhaathee Paao ||	The sculptor carves the stone and fashions it into an idol, placing his feet upon its chest.	(ਮੂਰਤੀ ਘੜਨ ਵਾਲੇ ਨੇ) ਪੱਥਰ ਘੜ ਕੇ, ਤੇ (ਘੜਨ ਵੇਲੇ ਮੂਰਤੀ ਦੀ) ਛਾਤੀ ਉੱਤੇ ਪੈਰ ਰੱਖ ਕੇ ਮੂਰਤੀ ਤਿਆਰ ਕੀਤੀ ਹੈ।
21678	479	ਜੇ ਏਹ ਮੂਰਤਿ ਸਾਚੀ ਹੈ ਤਉ ਗੜ੍ਹਣਹਾਰੇ ਖਾਉ॥੩॥	(ਖਾਉ) ਖਾਵੇ	Jae Eaeh Moorath Saachee Hai Tho Garrhanehaarae Khaao ||3||	If this stone god was true, it would devour the sculptor for this! ||3||	ਜੇ ਇਹ ਮੂਰਤੀ ਹੀ ਅਸਲੀ ਦੇਵਤਾ ਹੈ ਤਾਂ (ਇਸ ਨਿਰਾਦਰੀ ਦੇ ਕਾਰਨ) ਘੜਨ ਵਾਲੇ ਨੂੰ ਹੀ ਖਾ ਜਾਂਦੀ ॥੩॥
21679	479	ਭਾਤੁ ਪਹਿਤਿ ਅਰੁ ਲਾਪਸੀ ਕਰਕਰਾ ਕਾਸਾਰੁ॥	(ਭਾਤੁ)ਚੌਲ। (ਪ-ਹਿਤਿ)ਦਾਲ।(ਲਾਪਸੀ)ਕੜਾਹ। (ਕਰਕਰਾ)ਪਾਪੜ ਜਾਂ ਲੱਡੂ। (ਕਾਸਾਰੁ)ਪੰਜੀਰੀ	Bhaath Pehith Ar Laapasee Karakaraa Kaasaar ||	Rice and beans, candies, cakes and cookies	ਭੱਤ, ਦਾਲ, ਲੱਪੀ ਅਤੇ ਮੁਰਕਣੀ ਪੰਜੀਰੀ ਤਾਂ-

21680	479	ਭੋਗਨਹਾਰੇ ਭੋਗਿਆ ਇਸੁ ਮੂਰਤਿ ਕੇ ਮੁਖ ਛਾਰੁ॥੪॥	(ਛਾਰੁ) ਸੁਆਹ ਭਾਵ ਕੁਝ ਨਹੀਂ ਪਿਆ	Bhoganehaarae Bhogiaa Eis Moorath Kae Mukh Shhaar ||4||	- the priest enjoys these, while he puts ashes into the mouth of the idol. ||4||	ਛਕਣ ਵਾਲਾ (ਪੁਜਾਰੀ ਹੀ) ਛਕ ਜਾਂਦਾ ਹੈ, ਇਸ ਮੂਰਤੀ ਦੇ ਮੂੰਹ ਵਿਚ ਕੁਝ ਭੀ ਨਹੀਂ ਪੈਂਦਾ (ਕਿਉਂਕਿ ਇਹ ਤਾਂ ਨਿਰਜਿੰਦ ਹੈ, ਖਾਵੇ ਕਿਵੇਂ?) ॥੪॥
21681	479	ਮਾਲਿਨਿ ਭੂਲੀ ਜਗੁ ਭੁਲਾਨਾ ਹਮ ਭੁਲਾਨੇ ਨਾਹਿ॥		Maalin Bhoolee Jag Bhulaanaa Ham Bhulaanae Naahi ||	The gardener is mistaken, and the world is mistaken, but I am not mistaken.	ਮਾਲਣ (ਮੂਰਤੀ ਪੂਜਣ ਦੇ) ਭੁਲੇਖੇ ਵਿਚ ਪਈ ਹੈ, ਜਗਤ ਭੀ ਇਹੀ ਟਪਲਾ ਖਾ ਰਿਹਾ ਹੈ, ਪਰ ਅਸਾਂ ਇਹ ਗ਼ਲਤੀ ਨਹੀਂ ਖਾਧੀ,
21682	479	ਕਹੁ ਕਬੀਰ ਹਮ ਰਾਮ ਰਾਖੇ ਕ੍ਰਿਪਾ ਕਰਿ ਹਰਿ ਰਾਇ॥੫॥੧॥੧੪॥		Kahu Kabeer Ham Raam Raakhae Kirapaa Kar Har Raae ||5||1||14||	Says Kabeer, the Lord preserves me; the Lord, my King, has showered His Blessings upon me. ||5||1||14||	ਕਬੀਰ ਆਖਦਾ ਹੈ- ਕਿਉਂਕਿ ਪਰਮਾਤਮਾ ਨੇ ਆਪਣੀ ਮਿਹਰ ਕਰ ਕੇ ਸਾਨੂੰ ਇਸ ਭੁਲੇਖੇ ਤੋਂ ਬਚਾ ਲਿਆ ਹੈ ॥੫॥੧॥੧੪॥
21683	479	ਆਸਾ॥		Aasaa ||	Aasaa:	
21684	479	ਬਾਰਹ ਬਰਸ ਬਾਲਪਨ ਬੀਤੇ ਬੀਸ ਬਰਸ ਕਛੁ ਤਪੁ ਨ ਕੀਓ॥		Baareh Baras Baalapan Beethae Bees Baras Kashh Thap N Keeou ||	Twelve years pass in childhood, and for another twenty years, he does not practice self-discipline and austerity.	(ਉਮਰ ਦੇ ਪਹਿਲੇ) ਬਾਰ੍ਹਾਂ ਸਾਲ ਅੰਞਾਣਪੁਣੇ ਵਿਚ ਲੰਘ ਗਏ, (ਹੋਰ) ਵੀਹ ਵਰ੍ਹੇ (ਲੰਘ ਗਏ, ਭਾਵ, ਵੀਹ ਸਾਲਾਂ ਤੋਂ ਟੱਪ ਗਿਆ, ਤਦ ਤਕ ਭੀ) ਕੋਈ ਤਪ ਨਾ ਕੀਤਾ;

21685	479	ਤੀਸ ਬਰਸ ਕਛੁ ਦੇਵ ਨ ਪੂਜਾ ਫਿਰਿ ਪਛੁਤਾਨਾ ਬਿਰਧਿ ਭਇਓ॥੧॥	(ਦੇਵ) ਹਰਿ ਜੀ। ਪੂਜਾ:ਪੋਲਾ ਬੋਲੋ	Thees Baras Kashh Dhaev N Poojaa Fir Pashhuthaanaa Biradhh Bhaeiou ||1||	For another thirty years, he does not worship God in any way, and then, when he is old, he repents and regrets. ||1||	ਤੀਹ ਸਾਲ (ਹੋਰ ਬੀਤ ਗਏ, ਉਮਰ ਸੱਠ ਤੋਂ ਟੱਪ ਗਈ, ਤਾਂ ਭੀ) ਕੋਈ ਭਜਨ-ਬੰਦਗੀ ਨਾਹ ਕੀਤੀ, ਹੁਣ ਹੱਥ ਮਲਣ ਲੱਗਾ (ਕਿਉਂਕਿ) ਬੁੱਢਾ ਹੋ ਗਿਆ ॥੧॥
21686	479	ਮੇਰੀ ਮੇਰੀ ਕਰਤੇ ਜਨਮੁ ਗਇਓ॥	ਗਾਇ-ਓ	Maeree Maeree Karathae Janam Gaeiou ||	His life wastes away as he cries out, ""Mine, mine!""	'ਮਮਤਾ' ਵਿਚ ਹੀ (ਜੁਆਨੀ ਦੀ) ਉਮਰ ਬੀਤ ਗਈ,
21687	479	ਸਾਇਰੁ ਸੋਖਿ ਭੁਜੰ ਬਲਇਓ॥੧॥ਰਹਾਉ ॥	(ਭੁਜੰ)ਬਾਹਾਂ ਦਾ। (ਬਲ-ਇਓ) ਬਲ। ਬਲਇਓ:ਪੋਲਓ ਬੋਲੋ। (ਸਾਇਰੁ)ਸਮੁੰਦ੍ਰ। (ਸੋਖਿ)ਸੁੱਕ ਗਿਆ। (੨. ਭੁਜੰਬ ਲਇਓ)	Saaeir Sokh Bhujan Balaeiou ||1|| Rehaao ||	The pool of his power has dried up. ||1||Pause||	ਸਰੀਰ-ਰੂਪ ਸਮੁੰਦਰ ਸੁੱਕ ਗਿਆ, ਤੇ ਬਾਹਾਂ ਦੀ ਤਾਕਤ (ਭੀ ਮੁੱਕ ਗਈ) ॥੧॥ ਰਹਾਉ ॥
21688	479	ਸੂਕੇ ਸਰਵਰਿ ਪਾਲਿ ਬੰਧਾਵੈ ਲੂਣੈ ਖੇਤਿ ਹਥ ਵਾਰਿ ਕਰੈ॥	(ਪਾਲਿ) ਕੰਧ। (ਲੂਣੈ)ਕੱਟੇ ਹੋਏ। (ਵਾਰਿ) ਵਾੜ	Sookae Saravar Paal Bandhhaavai Loonai Khaeth Hathh Vaar Karai ||	He makes a dam around the dried-up pool, and with his hands, he makes a fence around the harvested field.	(ਹੁਣ ਬੁਢੇਪਾ ਆਉਣ ਤੇ ਭੀ ਮੌਤ ਤੋਂ ਬਚਣ ਲਈ ਆਹਰ ਕਰਦਾ ਹੈ, ਪਰ ਇਸ ਦੇ ਉੱਦਮ ਇਉਂ ਹਨ ਜਿਵੇਂ) ਸੁੱਕੇ ਹੋਏ ਤਲਾ ਵਿਚ ਵੱਟ ਬੰਨ੍ਹ ਰਿਹਾ ਹੈ (ਤਾਂ ਕਿ ਪਾਣੀ ਤਲਾ ਵਿਚੋਂ ਬਾਹਰ ਨਾ ਨਿਕਲ ਜਾਏ), ਅਤੇ ਕੱਟੇ ਹੋਏ ਖੇਤ ਦੇ ਦੁਆਲੇ ਵਾੜ ਦੇ ਰਿਹਾ ਹੈ।

21689	479	ਆਇਓ ਚੋਰੁ ਤੁਰੰਤਹ ਲੇ ਗਇਓ ਮੇਰੀ ਰਾਖਤ ਮੁਗਧੁ ਫਿਰੈ॥੨॥	ਜਮ ਰੂਪੀ ਚੋਰੁ	Aaeiou Chor Thurantheh Lae Gaeiou Maeree Raakhath Mugadhh Firai ||2||	When the thief of Death comes, he quickly carries away what the fool had tried to preserve as his own. ||2||	ਮੂਰਖ ਮਨੁੱਖ ਜਿਸ ਸਰੀਰ ਨੂੰ ਆਪਣਾ ਬਣਾਈ ਰੱਖਣ ਦੇ ਜਤਨ ਕਰਦਾ ਫਿਰਦਾ ਹੈ, ਪਰ (ਜਦੋਂ ਜਮ ਰੂਪ) ਚੋਰ (ਭਾਵ, ਚੁਪ ਕੀਤੇ ਹੀ ਜਮ) ਆਉਂਦਾ ਹੈ ਤੇ (ਜਿੰਦ ਨੂੰ) ਲੈ ਤੁਰਦਾ ਹੈ ॥੨॥
21690	479	ਚਰਨ ਸੀਸੁ ਕਰ ਕੰਪਨ ਲਾਗੇ ਨੈਨੀ ਨੀਰੁ ਅਸਾਰ ਬਹੈ॥	(ਕਰ) ਹੱਥ। (ਅਸਾਰ) ਆਪ ਮੁਹਾਰੇ	Charan Sees Kar Kanpan Laagae Nainee Neer Asaar Behai ||	His feet and head and hands begin to tremble, and the tears flow copiously from his eyes.	ਪੈਰ, ਸਿਰ, ਹੱਥ ਕੰਬਣ ਲੱਗ ਜਾਂਦੇ ਹਨ, ਅੱਖਾਂ ਵਿਚੋਂ ਆਪ-ਮੁਹਾਰੇ ਪਾਣੀ ਵਗੀ ਜਾਂਦਾ ਹੈ।
21691	479	ਜਿਹਵਾ ਬਚਨੁ ਸੁਧੁ ਨਹੀ ਨਿਕਸੈ ਤਬ ਰੇ ਧਰਮ ਕੀ ਆਸ ਕਰੈ॥੩॥		Jihavaa Bachan Sudhh Nehee Nikasai Thab Rae Dhharam Kee Aas Karai ||3||	His tongue has not spoken the correct words, but now, he hopes to practice religion! ||3||	ਜੀਭ ਵਿਚੋਂ ਕੋਈ ਸਾਫ਼ ਲਫ਼ਜ਼ ਨਹੀਂ ਨਿਕਲਦਾ। ਹੇ ਮੂਰਖ! (ਕੀ) ਉਸ ਵੇਲੇ ਤੂੰ ਧਰਮ ਕਮਾਣ ਦੀ ਆਸ ਕਰਦਾ ਹੈਂ? ॥੩॥
21692	479	ਹਰਿ ਜੀਉ ਕ੍ਰਿਪਾ ਕਰੈ ਲਿਵ ਲਾਵੈ ਲਾਹਾ ਹਰਿ ਹਰਿ ਨਾਮੁ ਲੀਓ॥		Har Jeeo Kirapaa Karai Liv Laavai Laahaa Har Har Naam Leeou ||	If the Dear Lord shows His Mercy, one enshrines love for Him, and obtains the Profit of the Lord's Name.	ਜਿਸ ਮਨੁੱਖ ਉੱਤੇ ਪਰਮਾਤਮਾ ਮਿਹਰ ਕਰਦਾ ਹੈ, ਉਸ ਦੀ ਸੁਰਤਿ (ਆਪਣੇ ਚਰਨਾਂ ਵਿਚ) ਜੋੜਦਾ ਹੈ, ਉਹ ਮਨੁੱਖ ਪਰਮਾਤਮਾ ਦਾ ਨਾਮ-ਰੂਪ ਲਾਭ ਖੱਟਦਾ ਹੈ।

21693	479	ਗੁਰ ਪਰਸਾਦੀ ਹਰਿ ਧਨੁ ਪਾਇਓ ਅੰਤੇ ਚਲਦਿਆ ਨਾਲਿ ਚਲਿਓ॥੪॥	ਚੱਲਦਿਆਂ ਚੱਲਿਓ	Gur Parasaadhee Har Dhhan Paaeiou Anthae Chaladhiaa Naal Chaliou ||4||	By Guru's Grace, he receives the wealth of the Lord's Name, which alone shall go with him, when he departs in the end. ||4||	ਜਗਤ ਤੋਂ ਤੁਰਨ ਵੇਲੇ ਭੀ ਇਹੀ ਨਾਮ-ਧਨ (ਮਨੁੱਖ ਦੇ) ਨਾਲ ਜਾਂਦਾ ਹੈ (ਪਰ) ਇਹ ਧਨ ਮਿਲਦਾ ਹੈ ਸਤਿਗੁਰੂ ਦੀ ਕਿਰਪਾ ਨਾਲ ॥੪॥
21694	479	ਕਹਤ ਕਬੀਰ ਸੁਨਹੁ ਰੇ ਸੰਤਹੁ ਅਨੁ ਧਨੁ ਕਛੂਐ ਲੈ ਨ ਗਇਓ॥	(ਅਨੁ)ਹੋਰ।ਅਨੁ:ਪੋਲਾ ਬੋਲੋ ਗ-ਇਓ	Kehath Kabeer Sunahu Rae Santhahu An Dhhan Kashhooai Lai N Gaeiou ||	Says Kabeer, listen, O Saints - he shall not take any other wealth with him.	ਕਬੀਰ ਕਹਿੰਦਾ ਹੈ-ਹੇ ਸੰਤ ਜਨੋ! ਸੁਣੋ, (ਕੋਈ ਜੀਵ ਭੀ ਮਰਨ ਵੇਲੇ) ਕੋਈ ਹੋਰ ਧਨ-ਪਦਾਰਥ ਆਪਣੇ ਨਾਲ ਨਹੀਂ ਲੈ ਜਾਂਦਾ,
21695	479	ਆਈ ਤਲਬ ਗੋਪਾਲ ਰਾਇ ਕੀ ਮਾਇਆ ਮੰਦਰ ਛੋਡਿ ਚਲਿਓ॥੫॥੨॥੧੫॥	(ਤਲਬ) ਸੱਦਾ	Aaee Thalab Gopaal Raae Kee Maaeiaa Mandhar Shhodd Chaliou ||5||2||15||	When the summons comes from the King, the Lord of the Universe, the mortal departs, leaving behind his wealth and mansions. ||5||2||15||	ਕਿਉਂਕਿ ਜਦੋਂ ਪਰਮਾਤਮਾ ਵਲੋਂ ਸੱਦਾ ਆਉਂਦਾ ਹੈ ਤਾਂ ਮਨੁੱਖ ਦੌਲਤ ਤੇ ਘਰ (ਸਭ ਕੁਝ ਇਥੇ ਹੀ) ਛੱਡ ਕੇ ਤੁਰ ਪੈਂਦਾ ਹੈ ॥੫॥੨॥੧੫॥
21696	479	ਆਸਾ॥		Aasaa ||	Aasaa:	
21697	479	ਕਾਹੂ ਦੀਨੇ ਪਾਟ ਪਟੰਬਰ ਕਾਹੂ ਪਲਘ ਨਿਵਾਰਾ॥	(ਪਾਟ ਪ-ਟੰਬਰ) ਰੇਸ਼ਮੀ ਵਸਤ੍ਰ। (ਨਿਵਾਰਾ) ਨਿਵਾਰ ਦੇ ਪਲਘ	Kaahoo Dheenhae Paatt Pattanbar Kaahoo Palagh Nivaaraa ||	To some, the Lord has given silks and satins, and to some, beds decorated with cotton ribbons.	(ਪਰਮਾਤਮਾ ਨੇ) ਕਈ ਬੰਦਿਆਂ ਨੂੰ ਰੇਸ਼ਮ ਦੇ ਕੱਪੜੇ (ਪਾਣ ਨੂੰ) ਦਿੱਤੇ ਹਨ ਤੇ ਨਿਵਾਰੀ ਪਲੰਘ (ਸੌਣ ਨੂੰ);

21698	479	ਕਾਹੂ ਗਰੀ ਗੋਦਰੀ ਨਾਹੀ ਕਾਹੂ ਖਾਨ ਪਰਾਰਾ॥੧॥	(ਗਰੀ) ਗਲ਼ੀ ਹੋਈ। (ਗੋਦਰੀ) ਜੁੱਲੀ। (ਖਾਨ) ਘਰ ਚ। (ਪਰਾਰਾ) ਪਰਾਲ਼ੀ	Kaahoo Garee Godharee Naahee Kaahoo Khaan Paraaraa ||1||	Some do not even have a poor patched coat, and some live in thatched huts. ||1||	ਪਰ ਕਈ (ਵਿਚਾਰਿਆਂ) ਨੂੰ ਗਲੀ ਹੋਈ ਜੁੱਲੀ ਭੀ ਨਹੀਂ ਮਿਲਦੀ, ਤੇ ਕਈ ਘਰਾਂ ਵਿਚ (ਬਿਸਤਰੇ ਦੇ ਥਾਂ) ਪਰਾਲੀ ਹੀ ਹੈ ॥੧॥
21699	479	ਅਹਿਰਖ ਵਾਦੁ ਨ ਕੀਜੈ ਰੇ ਮਨ॥	(ਅ-ਹਿਰਖ) ਰੋਸ ਨਰਾਜ਼ਗੀ। (ਵਾਦੁ)ਝਗੜਾ	Ahirakh Vaadh N Keejai Rae Man ||	Do not indulge in envy and bickering, O my mind.	(ਪਰ) ਹੇ ਮਨ! ਈਰਖਾ ਤੇ ਝਗੜਾ ਕਿਉਂ ਕਰਦਾ ਹੈਂ?
21700	479	ਸੁਕ੍ਰਿਤੁ ਕਰਿ ਕਰਿ ਲੀਜੈ ਰੇ ਮਨ॥੧॥ਰਹਾਉ॥	(ਸੁ-ਕ੍ਰਿਤੁ) ਨੇਕ ਕਮਾਈ	Sukirath Kar Kar Leejai Rae Man ||1|| Rehaao ||	By continually doing good deeds, these are obtained, O my mind. ||1||Pause||	ਨੇਕ ਕਮਾਈ ਕਰੀ ਜਾਹ ਤੇ ਤੂੰ ਭੀ (ਇਹ ਸੁਖ) ਹਾਸਲ ਕਰ ਲੈ ॥੧॥ ਰਹਾਉ ॥
21701	479	ਕੁਮ੍ਹਾਰੈ ਏਕ ਜੁ ਮਾਟੀ ਗੂੰਧੀ ਬਹੁ ਬਿਧਿ ਬਾਨੀ ਲਾਈ॥	(ਬਾਨੀ)ਰੰਗਤ।ਬਾਨੀ:ਪੋਲਾ ਬੋਲੋ	Kumhaarai Eaek J Maattee Goondhhee Bahu Bidhh Baanee Laaee ||	The potter works the same clay, and colors the pots in different ways.	ਘੁਮਿਆਰ ਨੇ ਇਕੋ ਹੀ ਮਿੱਟੀ ਗੁੰਨ੍ਹੀ ਤੇ ਉਸ ਨੂੰ ਕਈ ਕਿਸਮ ਦੇ ਰੰਗ ਲਾ ਦਿੱਤੇ (ਭਾਵ, ਕਈ ਵੰਨਗੀਆਂ ਦੇ ਭਾਂਡੇ ਬਣਾ ਦਿੱਤੇ)।
21702	479	ਕਾਹੂ ਮਹਿ ਮੋਤੀ ਮੁਕਤਾਹਲ ਕਾਹੂ ਬਿਆਧਿ ਲਗਾਈ॥੨॥	ਸਤ ਸੰਤੋਖ ਸ਼ੁਭ ਗੁਣਾਂ ਰੂਪੀ (ਮੁਕਤਾਹਲ)ਮੋਤੀਆਂ ਦਾ ਹਾਰ। ਚੋਰੀ ਯਾਰੀ ਨਸ਼ਿਆਂ ਦੀ (ਬਿਆਧਿ) ਬੀਮਾਰੀ	Kaahoo Mehi Mothee Mukathaahal Kaahoo Biaadhh Lagaaee ||2||	Into some, he sets pearls, while to others, he attaches filth. ||2||	ਕਿਸੇ ਭਾਂਡੇ ਵਿਚ ਮੋਤੀ ਤੇ ਮੋਤੀਆਂ ਦੀਆਂ ਮਾਲਾਂ (ਮਨੁੱਖ ਨੇ) ਪਾ ਦਿੱਤੀਆਂ ਤੇ ਕਿਸੇ ਵਿਚ (ਸ਼ਰਾਬ ਆਦਿਕ) ਰੋਗ ਲਾਣ ਵਾਲੀਆਂ ਚੀਜ਼ਾਂ ॥੨॥

21703	479	ਸੂਮਹਿ ਧਨੁ ਰਾਖਨ ਕਉ ਦੀਆ ਮੁਗਧੁ ਕਹੈ ਧਨੁ ਮੇਰਾ॥	(ਸੂਮਹਿ) ਕੰਜੂਸ ਨੂੰ। (ਮੁਗਧੁ) ਮੂਰਖ	Soomehi Dhhan Raakhan Ko Dheeaa Mugadhh Kehai Dhhan Maeraa ||	God gave wealth to the miser for him to preserve, but the fool calls it his own.	ਸ਼ੂਮ ਨੂੰ ਧਨ ਜੋੜ ਕੇ ਰੱਖਣ ਲਈ ਜੁੜਿਆ ਹੈ, (ਅਤੇ) ਮੂਰਖ (ਸ਼ੂਮ) ਆਖਦਾ ਹੈ-ਇਹ ਧਨ ਮੇਰਾ ਹੈ।
21704	480	ਜਮ ਕਾ ਡੰਡੁ ਮੂੰਡ ਮਹਿ ਲਾਗੈ ਖਿਨ ਮਹਿ ਕਰੈ ਨਿਬੇਰਾ॥੩॥		Jam Kaa Ddandd Moondd Mehi Laagai Khin Mehi Karai Nibaeraa ||3||	When the Messenger of Death strikes him with his club, in an instant, everything is settled. ||3||	(ਪਰ ਜਿਸ ਵੇਲੇ) ਜਮ ਦਾ ਡੰਡਾ ਸਿਰ ਤੇ ਆ ਵੱਜਦਾ ਹੈ ਤਦੋਂ ਇਕ ਪਲਕ ਵਿਚ ਫ਼ੈਸਲਾ ਕਰ ਦੇਂਦਾ ਹੈ (ਕਿ ਅਸਲ ਵਿਚ ਇਹ ਧਨ ਕਿਸੇ ਦਾ ਭੀ ਨਹੀਂ) ॥੩॥
21705	480	ਹਰਿ ਜਨੁ ਊਤਮੁ ਭਗਤੁ ਸਦਾਵੈ ਆਗਿਆ ਮਨਿ ਸੁਖੁ ਪਾਈ॥		Har Jan Ootham Bhagath Sadhaavai Aagiaa Man Sukh Paaee ||	The Lord's humble servant is called the most exalted Saint; he obeys the Command of the Lord's Order, and obtains peace.	ਜੋ ਮਨੁੱਖ ਪਰਮਾਤਮਾ ਦਾ ਸੇਵਕ (ਬਣ ਕੇ ਰਹਿੰਦਾ) ਹੈ, ਉਹ ਪਰਮਾਤਮਾ ਦਾ ਹੁਕਮ ਮੰਨ ਕੇ ਸੁਖ ਮਾਣਦਾ ਹੈ ਤੇ ਜਗਤ ਵਿਚ ਨੇਕ ਭਗਤ ਸਦਾਂਦਾ ਹੈ (ਭਾਵ, ਸੋਭਾ ਪਾਂਦਾ ਹੈ),
21706	480	ਜੋ ਤਿਸੁ ਭਾਵੈ ਸਤਿ ਕਰਿ ਮਾਨੈ ਭਾਣਾ ਮੰਨਿ ਵਸਾਈ॥੪॥		Jo This Bhaavai Sath Kar Maanai Bhaanaa Mann Vasaaee ||4||	Whatever is pleasing to the Lord, he accepts as True; he enshrines the Lord's Will within his mind. ||4||	ਪ੍ਰਭੂ ਦੀ ਰਜ਼ਾ ਮਨ ਵਿਚ ਵਸਾਂਦਾ ਹੈ, ਜੋ ਪ੍ਰਭੂ ਨੂੰ ਭਾਂਦਾ ਹੈ ਉਸੇ ਨੂੰ ਹੀ ਠੀਕ ਸਮਝਦਾ ਹੈ ॥੪॥

21707	480	ਕਹੈ ਕਬੀਰੁ ਸੁਨਹੁ ਰੇ ਸੰਤਹੁ ਮੇਰੀ ਮੇਰੀ ਝੂਠੀ॥		Kehai Kabeer Sunahu Rae Santhahu Maeree Maeree Jhoothee ||	Says Kabeer, listen, O Saints - it is false to call out, ""Mine, mine.""	ਕਬੀਰ ਕਹਿੰਦਾ ਹੈ-ਹੇ ਸੰਤ ਜਨੋ! ਸੁਣੋ, "ਇਹ ਧਨ ਪਦਾਰਥ ਆਦਿਕ ਮੇਰਾ ਹੈ"- ਇਹ ਖ਼ਿਆਲ ਕੂੜਾ ਹੈ (ਭਾਵ, ਦੁਨੀਆ ਦੇ ਪਦਾਰਥਾਂ ਵਾਲੀ ਅਪਣੱਤ ਸਦਾ ਨਹੀਂ ਰਹਿ ਸਕਦੀ);
21708	480	ਚਿਰਗਟ ਫਾਰਿ ਚਟਾਰਾ ਲੈ ਗਇਓ ਤਰੀ ਤਾਗਰੀ ਛੂਟੀ॥੫॥੩॥੧੬॥	ਸ੍ਰੀਰ ਰੂਪੀ (ਚਿਰਗਟ) ਪਿੰਜਰਾ। (ਫਾਰਿ) ਪਾੜ ਕੇ। ਜੀਵ ਰੂਪੀ (ਚਟਾਰਾ) ਚਿੜੇ ਨੂੰ ਕਾਲ਼ ਰੂਪੀ ਬਿੱਲਾ ਲੈ ਗਿਆ। ਪਾਣੀ ਚੋਗੇ ਵਾਲੀਆਂ (ਤਰੀ) ਠੂਠੀਆਂ ਵਾਂਗ, ਖਾਣ ਪੀਣ ਦੇ ਬਰਤਣ ਸਭ ਸਮੱਗ੍ਰੀ ਤੇ (ਤਾਗਰੀ) ਜਾਲ਼ੀ ਰੂਪੀ ਪਾੜਿਆ ਸ੍ਰੀਰ ਪਿੰਜਰਾ ਪਿੱਛੇ ਹੀ (ਛੂਟੀ) ਧਰੇ ਰਹਿ ਗਏ	Chiragatt Faar Chattaaraa Lai Gaeiou Tharee Thaagaree Shhoottee ||5||3||16||	Breaking the bird cage, death takes the bird away, and only the torn threads remain. ||5||3||16||	(ਜਿਵੇਂ, ਜੇ) ਪਿੰਜਰੇ ਨੂੰ ਪਾੜ ਕੇ (ਕੋਈ ਬਿੱਲਾ) ਚਿੜੇ ਨੂੰ ਫੜ ਕੇ ਲੈ ਜਾਏ ਤਾਂ (ਉਸ ਪਿੰਜਰੇ-ਪਏ ਪੰਛੀ ਦੀ) ਕੁੱਜੀ ਤੇ ਠੂਠੀ ਧਰੀ ਹੀ ਰਹਿ ਜਾਂਦੀ ਹੈ (ਤਿਵੇਂ, ਮੌਤ ਆਇਆਂ ਬੰਦੇ ਦੇ ਖਾਣ-ਪੀਣ ਵਾਲੇ ਪਦਾਰਥ ਇਥੇ ਹੀ ਧਰੇ ਰਹਿ ਜਾਂਦੇ ਹਨ) ॥੫॥੩॥੧੬॥
21709	480	ਆਸਾ॥	(ਰਾਜਸੁ)ਰਜੋ ਗੁਣ	Aasaa ||	Aasaa:	

21710	480	ਹਮ ਮਸਕੀਨ ਖੁਦਾਈ ਬੰਦੇ ਤੁਮ ਰਾਜਸੁ ਮਨਿ ਭਾਵੈ॥		Ham Masakeen Khudhaaee Bandhae Thum Raajas Man Bhaavai ||	I am Your humble servant, Lord; Your Praises are pleasing to my mind.	(ਹੇ ਕਾਜ਼ੀ!) ਅਸੀਂ ਤਾਂ ਆਜਜ਼ ਲੋਕ ਹਾਂ, ਪਰ ਹਾਂ (ਅਸੀਂ ਭੀ) ਰੱਬ ਦੇ ਪੈਦਾ ਕੀਤੇ ਹੋਏ। ਤੁਹਾਨੂੰ ਆਪਣੇ ਮਨ ਵਿਚ ਹਕੂਮਤ ਚੰਗੀ ਲੱਗਦੀ ਹੈ (ਭਾਵ, ਤੁਹਾਨੂੰ ਹਕੂਮਤ ਦਾ ਮਾਣ ਹੈ)।
21711	480	ਅਲਹ ਅਵਲਿ ਦੀਨ ਕੋ ਸਾਹਿਬੁ ਜੋਰੁ ਨਹੀ ਫੁਰਮਾਵੈ॥੧॥	ਅੱਲਹ।ਅੱਵਲਿ	Aleh Aval Dheen Ko Saahib Jor Nehee Furamaavai ||1||	The Lord, the Primal Being, the Master of the poor, does not ordain that they should be oppressed. ||1||	ਮਜ਼ਹਬ ਦਾ ਸਭ ਤੋਂ ਵੱਡਾ ਮਾਲਕ ਤਾਂ ਰੱਬ ਹੈ, ਉਹ (ਕਿਸੇ ਉਤੇ) ਧੱਕਾ ਕਰਨ ਦੀ ਆਗਿਆ ਨਹੀਂ ਦੇਂਦਾ ॥੧॥
21712	480	ਕਾਜੀ ਬੋਲਿਆ ਬਨਿ ਨਹੀ ਆਵੈ॥੧॥ਰਹਾਉ॥		Kaajee Boliaa Ban Nehee Aavai ||1|| Rehaao ||	O Qazi, it is not right to speak before Him. ||1||Pause||	ਹੇ ਕਾਜ਼ੀ! ਤੇਰੀਆਂ (ਜ਼ਬਾਨੀ) ਗੱਲਾਂ ਫਬਦੀਆਂ ਨਹੀਂ ॥੧॥ ਰਹਾਉ ॥
21713	480	ਰੋਜਾ ਧਰੈ ਨਿਵਾਜ ਗੁਜਾਰੈ ਕਲਮਾ ਭਿਸਤਿ ਨ ਹੋਈ॥	ਰੋੱਜਾ।(ਭਿਸਤਿ) ਸਵਰਗ।	Rojaa Dhharai Nivaaj Gujaarai Kalamaa Bhisath N Hoee ||	Keeping your fasts, reciting your prayers, and reading the Kalma, the Islamic creed, shall not take you to paradise.	(ਨਿਰਾ) ਰੋਜ਼ਾ ਰੱਖਿਆਂ, ਨਿਮਾਜ਼ ਪੜ੍ਹਿਆਂ ਤੇ ਕਲਮਾ ਆਖਿਆਂ ਭਿਸ਼ਤ ਨਹੀਂ ਮਿਲ ਜਾਂਦਾ।
21714	480	ਸਤਰਿ ਕਾਬਾ ਘਟ ਹੀ ਭੀਤਰਿ ਜੇ ਕਰਿ ਜਾਨੈ ਕੋਈ॥੨॥	(ਸਤਰਿ)ਲੁਕਿਆ।ਸਤਰਿ:ਪੋਲਾ ਬੋਲੋ। (ਕੱਾਬਾ) ਧਰਮਮੰਦਰ	Sathar Kaabaa Ghatt Hee Bheethar Jae Kar Jaanai Koee ||2||	The Temple of Mecca is hidden within your mind, if you only knew it. ||2||	ਰੱਬ ਦਾ ਗੁਪਤ ਘਰ ਤਾਂ ਮਨੁੱਖ ਦੇ ਦਿਲ ਵਿਚ ਹੀ ਹੈ, (ਪਰ ਲੱਭਦਾ ਤਾਂ ਹੀ ਹੈ) ਜੇ ਕੋਈ ਸਮਝ ਲਏ ॥੨॥

21715	480	ਨਿਵਾਜ ਸੋਈ ਜੋ ਨਿਆਉ ਬਿਚਾਰੈ ਕਲਮਾ ਅਕਲਹਿ ਜਾਨੈ॥	(ਅਕਲਹਿ)ਕਲਪਣਾ ਰਹਿਤ ਬ੍ਰਹਮ	Nivaaj Soee Jo Niaao Bichaarai Kalamaa Akalehi Jaanai ||	That should be your prayer, to administer justice. Let your Kalma be the knowledge of the unknowable Lord.	ਜੋ ਮਨੁੱਖ ਨਿਆਂ ਕਰਦਾ ਹੈ ਉਹ (ਮਾਨੋ) ਨਿਮਾਜ਼ ਪੜ੍ਹ ਰਿਹਾ ਹੈ, ਤੇ ਜੇ ਰੱਬ ਨੂੰ ਅਕਲ ਨਾਲ ਪਛਾਣਦਾ ਹੈ ਤਾਂ ਕਲਮਾ ਆਖ ਰਿਹਾ ਹੈ;
21716	480	ਪਾਚਹੁ ਮੁਸਿ ਮੁਸਲਾ ਬਿਛਾਵੈ ਤਬ ਤਉ ਦੀਨੁ ਪਛਾਨੈ॥੩॥	(ਪਾਚਹੁ)ਕਾਮਾਦਿਕ ਪੰਜਾਂ ਨੂੰ। (ਮੁੱਸਿ)ਲੁੱਟਣ ਰੂਪ ਨਿਮਾਜ਼ ਪੜ੍ਹਨ ਵਾਲਾ। (ਮੁ-ਸੱਲਾ) ਬਸਤ੍ਰ ਵਿਛਾਉਣਾ ਕਰੇ	Paachahu Mus Musalaa Bishhaavai Thab Tho Dheen Pashhaanai ||3||	Spread your prayer mat by conquering your five desires, and you shall recognize the true religion. ||3||	ਕਾਮਾਦਿਕ ਪੰਜ (ਬਲੀ ਵਿਕਾਰਾਂ) ਨੂੰ ਜੇ ਆਪਣੇ ਵੱਸ ਵਿਚ ਕਰਦਾ ਹੈ ਤਾਂ (ਮਾਨੋ) ਮੁਸੱਲਾ ਵਿਛਾਂਦਾ ਹੈ, ਤੇ ਮਜ਼ਹਬ ਨੂੰ ਪਛਾਣਦਾ ਹੈ ॥੩॥
21717	480	ਖਸਮੁ ਪਛਾਨਿ ਤਰਸ ਕਰਿ ਜੀਅ ਮਹਿ ਮਾਰਿ ਮਣੀ ਕਰਿ ਫੀਕੀ॥	ਅਪਨੀ ਪੂਜਾ (ਮਣੀ) ਮਨੌਤ ਫਿੱਕੀ ਸਮਝ ਕਰਕੇ ਮਾਰੇ	Khasam Pashhaan Tharas Kar Jeea Mehi Maar Manee Kar Feekee ||	Recognize Your Lord and Master, and fear Him within your heart; conquer your egotism, and make it worthless.	ਹੇ ਕਾਜ਼ੀ! ਮਾਲਕ ਪ੍ਰਭੂ ਨੂੰ ਪਛਾਣ, ਆਪਣੇ ਹਿਰਦੇ ਵਿਚ ਪਿਆਰ ਵਸਾ, ਮਣੀ ਨੂੰ ਫਿੱਕੀ ਜਾਣ ਕੇ ਮਾਰ ਦੇਹ (ਭਾਵ, ਹੰਕਾਰ ਨੂੰ ਮਾੜਾ ਜਾਣ ਕੇ ਦੂਰ ਕਰ)।
21718	480	ਆਪੁ ਜਨਾਇ ਅਵਰ ਕਉ ਜਾਨੈ ਤਬ ਹੋਇ ਭਿਸਤ ਸਰੀਕੀ॥੪॥	(ਭਿਸਤ) ਸਵਰਗ ਚ (ਸਰੀਕੀ) ਭਾਈਵਾਲ	Aap Janaae Avar Ko Jaanai Thab Hoe Bhisath Sareekee ||4||	As you see yourself, see others as well; only then will you become a partner in heaven. ||4||	ਜਦੋਂ ਮਨੁੱਖ ਆਪਣੇ ਆਪ ਨੂੰ ਸਮਝਾ ਕੇ ਦੂਜਿਆਂ ਨੂੰ (ਆਪਣੇ ਵਰਗਾ) ਸਮਝਦਾ ਹੈ, ਤਦ ਭਿਸ਼ਤ ਦਾ ਭਾਈਵਾਲ ਬਣਦਾ ਹੈ ॥੪॥

21719	480	ਮਾਟੀ ਏਕ ਭੇਖ ਧਰਿ ਨਾਨਾ ਤਾ ਮਹਿ ਬ੍ਰਹਮੁ ਪਛਾਨਾ॥	ਨ੍ਾਨ੍ਾ	Maattee Eaek Bhaekh Dhhar Naanaa Thaa Mehi Breham Pashhaanaa ||	The clay is one, but it has taken many forms; I recognize the One Lord within them all.	ਮਿੱਟੀ ਇਕੋ ਹੀ ਹੈ, (ਪ੍ਰਭੂ ਨੇ ਇਸ ਦੇ) ਅਨੇਕਾਂ ਵੇਸ ਧਾਰੇ ਹੋਏ ਹਨ। (ਅਸਲ ਮੋਮਨ ਨੇ) ਇਹਨਾਂ (ਵੇਸਾਂ) ਵਿਚ ਰੱਬ ਨੂੰ ਪਛਾਣਿਆ ਹੈ (ਤੇ ਇਹੀ ਹੈ ਭਿਸ਼ਤ ਦਾ ਰਾਹ);
21720	480	ਕਹੈ ਕਬੀਰਾ ਭਿਸਤ ਛੋਡਿ ਕਰਿ ਦੋਜਕ ਸਿਉ ਮਨੁ ਮਾਨਾ॥੫॥੪॥੧੭॥		Kehai Kabeeraa Bhisath Shhodd Kar Dhojak Sio Man Maanaa ||5||4||17||	Says Kabeer, I have abandoned paradise, and reconciled my mind to hell. ||5||4||17||	ਪਰ, ਕਬੀਰ ਆਖਦਾ ਹੈ, (ਹੇ ਕਾਜ਼ੀ!) ਤੁਸੀ ਤਾਂ (ਦੂਜਿਆਂ ਉੱਤੇ ਜੋਰ-ਧੱਕਾ ਕਰ ਕੇ) ਭਿਸ਼ਤ (ਦਾ ਰਸਤਾ) ਛੱਡ ਕੇ ਦੋਜ਼ਕ ਨਾਲ ਮਨ ਜੋੜੀ ਬੈਠੇ ਹੋ ॥੫॥੪॥੧੭॥
21721	480	ਆਸਾ॥		Aasaa ||	Aasaa:	
21722	480	ਗਗਨ ਨਗਰਿ ਇਕ ਬੂੰਦ ਨ ਬਰਖੈ ਨਾਦੁ ਕਹਾ ਜੁ ਸਮਾਨਾ॥	ਨ੍ਗਰਿ	Gagan Nagar Eik Boondh N Barakhai Naadh Kehaa J Samaanaa ||	From the city of the Tenth Gate, the sky of the mind, not even a drop rains down. Where is the music of the sound current of the Naad, which was contained in it?	ਹੇ ਬਾਬਾ! ਸਰੀਰਕ ਮੋਹ ਆਦਿਕ ਦਾ ਉਹ ਰੌਲਾ ਕਿੱਥੇ ਗਿਆ (ਜੋ ਹਰ ਵੇਲੇ ਤੇਰੇ ਮਨ ਵਿਚ ਟਿਕਿਆ ਰਹਿੰਦਾ ਸੀ)? ਹੁਣ ਤਾਂ ਤੇਰੇ ਮਨ ਵਿਚ ਕੋਈ ਇੱਕ ਫੁਰਨਾ ਭੀ ਨਹੀਂ ਉਠਦਾ।

21723	480	ਪਾਰਬ੍ਰਹਮ ਪਰਮੇਸੁਰ ਮਾਧੋ ਪਰਮਹੰਸੁ ਲੇ ਸਿਧਾਨਾ॥੧॥		Paarabreham Paramaesur Maadhho Param Hans Lae Sidhhaanaa ||1||	The Supreme Lord God, the Transcendent Lord, the Master of wealth has taken away the Supreme Soul. ||1||	(ਇਹ ਸਭ ਮਿਹਰ) ਉਸ ਪਾਰਬ੍ਰਹਮ ਪਰਮੇਸ਼ਰ ਮਾਧੋ ਪਰਮ ਹੰਸ (ਦੀ ਹੈ ਜਿਸ) ਨੇ ਮਨ ਦੇ ਇਹ ਸਾਰੇ ਮਾਇਕ ਸ਼ੋਰ ਨਾਸ ਕਰ ਦਿੱਤੇ ਹਨ ॥੧॥
21724	480	ਬਾਬਾ ਬੋਲਤੇ ਤੇ ਕਹਾ ਗਏ ਦੇਹੀ ਕੇ ਸੰਗਿ ਰਹਤੇ॥		Baabaa Bolathae Thae Kehaa Geae Dhaehee Kae Sang Rehathae ||	O Father, tell me: where has it gone? It used to dwell within the body,	ਹੇ ਭਾਈ! (ਹਰਿ-ਸਿਮਰਨ ਦੀ ਬਰਕਤ ਨਾਲ ਤੇਰੇ ਅੰਦਰ ਅਚਰਜ ਤਬਦੀਲੀ ਪੈਦਾ ਹੋ ਗਈ ਹੈ) ਤੇਰੇ ਉਹ ਬੋਲ-ਬੁਲਾਰੇ ਕਿੱਥੇ ਗਏ ਜੋ ਸਦਾ ਸਰੀਰ ਸੰਬੰਧੀ ਹੀ ਰਹਿੰਦੇ ਸਨ?
21725	480	ਸੁਰਤਿ ਮਾਹਿ ਜੋ ਨਿਰਤੇ ਕਰਤੇ ਕਥਾ ਬਾਰਤਾ ਕਹਤੇ॥੧॥ਰਹਾਉ॥	(ਨਿਰਤੇ) ਨਾਚ	Surath Maahi Jo Nirathae Karathae Kathhaa Baarathaa Kehathae ||1|| Rehaao ||	And dance in the mind, teaching and speaking. ||1||Pause||	ਕਦੇ (ਉਹ ਸਮਾ ਸੀ ਜਦੋਂ) ਤੇਰੀਆਂ ਸਾਰੀਆਂ ਗੱਲਾਂ-ਬਾਤਾਂ ਸਰੀਰਕ ਮੋਹ ਬਾਰੇ ਹੀ ਸਨ, ਤੇਰੇ ਮਨ ਵਿਚ ਮਾਇਕ ਫੁਰਨੇ ਹੀ ਨਾਚ ਕਰਦੇ ਸਨ-ਉਹ ਸਭ ਕਿਤੇ ਲੋਪ ਹੀ ਹੋ ਗਏ ਹਨ ॥੧॥ ਰਹਾਉ ॥
21726	480	ਬਜਾਵਨਹਾਰੋ ਕਹਾ ਗਇਓ ਜਿਨਿ ਇਹੁ ਮੰਦਰੁ ਕੀਨ੍ਹਾ॥		Bajaavanehaaro Kehaa Gaeiou Jin Eihu Mandhar Keenhaa ||	Where has the player gone - he who made this temple his own?	(ਸਰੀਰਕ ਮੋਹ ਦੇ ਉਹ ਫੁਰਨੇ ਕਿੱਥੇ ਰਹਿ ਸਕਦੇ ਹਨ? ਹੁਣ ਤਾਂ ਉਹ ਮਨ ਹੀ ਨਹੀਂ ਰਿਹਾ ਜਿਸ ਮਨ ਨੇ ਸਰੀਰਕ ਮੋਹ ਦੀ ਇਹ ਢੋਲਕੀ ਬਣਾਈ ਹੋਈ ਸੀ। ਮਾਇਕ ਮੋਹ ਦੀ ਢੋਲਕੀ ਨੂੰ) ਵਜਾਣ ਵਾਲਾ ਉਹ ਮਨ ਹੀ ਕਿਤੇ ਲੋਪ ਹੋ ਗਿਆ ਹੈ।

21727	480	ਸਾਖੀ ਸਬਦੁ ਸੁਰਤਿ ਨਹੀ ਉਪਜੈ ਖਿੰਚਿ ਤੇਜੁ ਸਭੁ ਲੀਨ੍ਹਾ॥੨॥		Saakhee Sabadh Surath Nehee Oupajai Khinch Thaej Sabh Leenhaa ||2||	No story, word or understanding is produced; the Lord has drained off all the power. ||2||	(ਪਾਰਬ੍ਰਹਮ ਪਰਮੇਸਰ ਨੇ ਮਨ ਦਾ ਉਹ ਪਹਿਲਾ) ਤੇਜ-ਪ੍ਰਤਾਪ ਹੀ ਖਿੱਚ ਲਿਆ ਹੈ, ਮਨ ਵਿਚ ਹੁਣ ਉਹ ਪਹਿਲੀ ਗੱਲ ਪਹਿਲਾ ਬੋਲ ਪਹਿਲਾ ਫੁਰਨਾ ਕਿਤੇ ਪੈਦਾ ਹੀ ਨਹੀਂ ਹੁੰਦਾ ॥੨॥
21728	480	ਸ੍ਰਵਨਨ ਬਿਕਲ ਭਏ ਸੰਗਿ ਤੇਰੇ ਇੰਦ੍ਰੀ ਕਾ ਬਲੁ ਥਾਕਾ॥	ਥੱਕਾ	Sravanan Bikal Bheae Sang Thaerae Eindhree Kaa Bal Thhaakaa ||	The ears, your companions, have gone deaf, and the power of your organs is exhausted.	ਤੇਰੇ ਉਹ ਕੰਨ ਕਿੱਥੇ ਗਏ ਜੋ ਪਹਿਲਾਂ ਸਰੀਰਕ ਮੋਹ ਵਿਚ ਫਸੇ ਹੋਏ ਸਦਾ ਵਿਆਕੁਲ ਰਹਿੰਦੇ ਸਨ? ਤੇਰੀ ਕਾਮ-ਚੇਸ਼ਟਾ ਦਾ ਜ਼ੋਰ ਭੀ ਰੁਕ ਗਿਆ ਹੈ।
21729	480	ਚਰਨ ਰਹੇ ਕਰ ਢਰਕਿ ਪਰੇ ਹੈ ਮੁਖਹੁ ਨ ਨਿਕਸੈ ਬਾਤਾ॥੩॥	(ਢਰਕਿ) ਢਿਲਕ	Charan Rehae Kar Dtarak Parae Hai Mukhahu N Nikasai Baathaa ||3||	Your feet have failed, your hands have gone limp, and no words issue forth from your mouth. ||3||	ਤੇਰੇ ਨਾਹ ਉਹ ਪੈਰ ਹਨ, ਨਾਹ ਉਹ ਹੱਥ ਹਨ ਜੋ ਦੇਹ-ਅੱਧਿਆਸ ਦੀ ਦੌੜ-ਭੱਜ ਵਿਚ ਰਹਿੰਦੇ ਸਨ। ਤੇਰੇ ਮੂੰਹ ਤੋਂ ਭੀ ਹੁਣ ਸਰੀਰਕ ਮੋਹ ਦੀਆਂ ਗੱਲਾਂ ਨਹੀਂ ਨਿਕਲਦੀਆਂ ਹਨ ॥੩॥
21730	480	ਥਾਕੇ ਪੰਚ ਦੂਤ ਸਭ ਤਸਕਰ ਆਪ ਆਪਨੈ ਭ੍ਰਮਤੇ॥	(ਤਸਕਰ) ਚੋਰ	Thhaakae Panch Dhooth Sabh Thasakar Aap Aapanai Bhramathae ||	Having grown weary, the five enemies and all the thieves have wandered away according to their own will.	ਕਾਮਾਦਿਕ ਤੇਰੇ ਪੰਜੇ ਵੈਰੀ ਹਾਰ ਚੁਕੇ ਹਨ, ਉਹ ਸਾਰੇ ਚੋਰ ਆਪੋ ਆਪਣੀ ਭਟਕਣਾ ਤੋਂ ਹਟ ਗਏ ਹਨ (ਕਿਉਂਕਿ ਜਿਸ ਮਨ ਦਾ) ਤੇਜ ਤੇ ਆਸਰਾ ਲੈ ਕੇ (ਇਹ ਪੰਜੇ ਕਾਮਾਦਿਕ) ਦੌੜ-ਭੱਜ ਕਰਦੇ ਸਨ।

21731	480	ਥਾਕਾ ਮਨੁ ਕੁੰਚਰ ਉਰੁ ਥਾਕਾ ਤੇਜੁ ਸੂਤੁ ਧਰਿ ਰਮਤੇ॥੪॥	(ਕੁੰਚਰ) ਹਾਥੀ। (ਉਰੁ) ਹਿਰਦਾ। (ਰਮਤੇ) ਚੱਲਦੇ	Thhaakaa Man Kunchar Our Thhaakaa Thaej Sooth Dhhar Ramathae ||4||	The elephant of the mind has grown weary, and the heart has grown weary as well; through its power, it used to pull the strings. ||4||	ਉਹ ਮਨ-ਹਾਥੀ ਹੀ ਨਹੀਂ ਰਿਹਾ, ਉਹ ਹਿਰਦਾ ਹੀ ਨਹੀਂ ਰਿਹਾ ॥੪॥
21732	480	ਮਿਰਤਕ ਭਏ ਦਸੈ ਬੰਦ ਛੂਟੇ ਮਿਤ੍ਰ ਭਾਈ ਸਭ ਛੋਰੇ॥		Mirathak Bheae Dhasai Bandh Shhoottae Mithr Bhaaee Sabh Shhorae ||	He is dead, and the bonds of the ten gates are opened; he has left all his friends and brothers.	(ਹਰਿ ਸਿਮਰਨ ਦੀ ਬਰਕਤ ਨਾਲ) ਤੇਰੇ ਦਸੇ ਹੀ ਇੰਦ੍ਰੇ ਸਰੀਰਕ ਮੋਹ ਵਲੋਂ ਮਰ ਚੁਕੇ ਹਨ, ਸਰੀਰਕ ਮੋਹ ਵਲੋਂ ਅਜ਼ਾਦ ਹੋ ਗਏ ਹਨ, ਇਹਨਾਂ ਨੇ ਆਸਾ ਤ੍ਰਿਸ਼ਨਾ ਆਦਿਕ ਆਪਣੇ ਸਾਰੇ ਸੱਜਣ-ਮਿੱਤਰ ਭੀ ਛੱਡ ਦਿੱਤੇ ਹਨ।
21733	480	ਕਹਤ ਕਬੀਰਾ ਜੋ ਹਰਿ ਧਿਆਵੈ ਜੀਵਤ ਬੰਧਨ ਤੋਰੇ॥੫॥੫॥੧੮॥		Kehath Kabeeraa Jo Har Dhhiaavai Jeevath Bandhhan Thorae ||5||5||18||	Says Kabeer, one who meditates on the Lord, breaks his bonds, even while yet alive. ||5||5||18||	ਕਬੀਰ ਆਖਦਾ ਹੈ-ਜੋ ਜੋ ਭੀ ਮਨੁੱਖ ਪਰਮਾਤਮਾ ਨੂੰ ਸਿਮਰਦਾ ਹੈ ਉਹ ਜੀਉਂਦਾ ਹੀ (ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ, ਇਸ ਤਰ੍ਹਾਂ) ਸਰੀਰਕ ਮੋਹ ਦੇ ਬੰਧਨ ਤੋੜ ਲੈਂਦਾ ਹੈ ॥੫॥੫॥੧੮॥
21734	480	ਆਸਾ ਇਕਤੁਕੇ ੪॥	੪ ਨੂੰ ਚਾਰ ਬੋਲੋ	Aasaa Eikathukae 4 ||	Aasaa, 4 Ik-Tukas:	

21735	480	ਸਰਪਨੀ ਤੇ ਊਪਰਿ ਨਹੀ ਬਲੀਆ॥	(ਸਰਪਨੀ) ਸਪਣੀ ਮਾਇਆ। (ਬਲੀਆ) ਬਲ ਵਾਲਾ	Sarapanee Thae Oopar Nehee Baleeaa ||	No one is more powerful than the she-serpent Maya,	ਉਸ (ਮਾਇਆ) ਤੋਂ ਵਧੀਕ ਬਲ ਵਾਲਾ (ਜਗਤ ਵਿਚ ਹੋਰ ਕੋਈ) ਨਹੀਂ ਹੈ,
21736	480	ਜਿਨਿ ਬ੍ਰਹਮਾ ਬਿਸਨੁ ਮਹਾਦੇਉ ਛਲੀਆ॥੧॥		Jin Brehamaa Bisan Mehaadhaeo Shhaleeaa ||1||	Who deceived even Brahma, Vishnu and Shiva. ||1||	ਜਿਸ ਮਾਇਆ ਨੇ ਬ੍ਰਹਮਾ, ਵਿਸ਼ਨੂੰ ਤੇ ਸ਼ਿਵ (ਵਰਗੇ ਵੱਡੇ ਦੇਵਤੇ) ਛਲ ਲਏ ਹਨ ॥੧॥
21737	480	ਮਾਰੁ ਮਾਰੁ ਸ੍ਰਪਨੀ ਨਿਰਮਲ ਜਲਿ ਪੈਠੀ॥		Maar Maar Srapanee Niramal Jal Paithee ||	Having bitten and struck them down, she now sits in the immaculate waters.	ਪਰ ਇਹ ਬੜੇ ਜ਼ੋਰਾਂ ਵਿਚ ਆਈ ਮਾਇਆ ਸਤਸੰਗ ਵਿਚ ਸ਼ਾਂਤ ਹੋ ਜਾਂਦੀ ਹੈ, (ਭਾਵ, ਇਸ ਮਾਰੋ-ਮਾਰ ਕਰਨ ਵਾਲੀ ਮਾਇਆ ਦਾ ਪ੍ਰਭਾਵ ਸਤਸੰਗ ਵਿਚ ਅੱਪੜਿਆਂ ਠੰਡਾ ਪੈ ਜਾਂਦਾ ਹੈ),
21738	480	ਜਿਨਿ ਤ੍ਰਿਭਵਣੁ ਡਸੀਅਲੇ ਗੁਰ ਪ੍ਰਸਾਦਿ ਡੀਠੀ॥੧॥ਰਹਾਉ॥	ਡੱਸੀਅਲੇ	Jin Thribhavan Ddaseealae Gur Prasaadh Ddeethee ||1|| Rehaao ||	By Guru's Grace, I have seen her, who has bitten the three worlds. ||1||Pause||	ਕਿਉਂਕਿ ਜਿਸ ਮਾਇਆ ਨੇ ਸਾਰੇ ਜਗਤ ਨੂੰ (ਮੋਹ ਦਾ) ਡੰਗ ਮਾਰਿਆ ਹੈ (ਸੰਗਤਿ ਵਿਚ) ਗੁਰੂ ਦੀ ਕਿਰਪਾ ਨਾਲ (ਉਸ ਦੀ ਅਸਲੀਅਤ) ਦਿੱਸ ਪੈਂਦੀ ਹੈ ॥੧॥ ਰਹਾਉ ॥
21739	480	ਸ੍ਰਪਨੀ ਸ੍ਰਪਨੀ ਕਿਆ ਕਹਉ ਭਾਈ॥		Srapanee Srapanee Kiaa Kehahu Bhaaee ||	O Siblings of Destiny, why is she called a she-serpent?	ਸੋ, ਹੇ ਭਾਈ! ਇਸ ਮਾਇਆ ਤੋਂ ਇਤਨਾ ਡਰਨ ਦੀ ਲੋੜ ਨਹੀਂ।

21740	480	ਜਿਨਿ ਸਾਚੁ ਪਛਾਨਿਆ ਤਿਨਿ ਸ੍ਰਪਨੀ ਖਾਈ॥੨॥		Jin Saach Pashhaaniaa Thin Srapanee Khaaee ||2||	One who realizes the True Lord, devours the she-serpent. ||2||	ਜਿਸ ਮਨੁੱਖ ਨੇ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨਾਲ ਜਾਣ-ਪਛਾਣ ਪਾ ਲਈ ਹੈ, ਉਸ ਨੇ ਇਸ ਮਾਇਆ ਨੂੰ ਆਪਣੇ ਵੱਸ ਵਿੱਚ ਕਰ ਲਿਆ ॥੨॥
21741	480	ਸ੍ਰਪਨੀ ਤੇ ਆਨ ਛੂਛ ਨਹੀ ਅਵਰਾ॥	(ਛੂਛ) ਤੁੱਛ	Srapanee Thae Aan Shhooshh Nehee Avaraa ||	No one else is more frivolous than this she-serpent.	(ਪ੍ਰਭੂ ਨਾਲ ਜਾਣ-ਪਛਾਣ ਕਰਨ ਵਾਲਿਆਂ ਤੋਂ ਬਿਨਾ) ਹੋਰ ਕੋਈ ਜੀਵ ਇਸ ਸੱਪਣੀ ਦੇ ਅਸਰ ਤੋਂ ਬਚਿਆ ਹੋਇਆ ਨਹੀਂ ਹੈ।
21742	480	ਸ੍ਰਪਨੀ ਜੀਤੀ ਕਹਾ ਕਰੈ ਜਮਰਾ॥੩॥		Srapanee Jeethee Kehaa Karai Jamaraa ||3||	When the she-serpent is overcome, what can the Messengers of the King of Death do? ||3||	ਜਿਸ ਨੇ (ਗੁਰੂ ਦੀ ਕਿਰਪਾ ਨਾਲ) ਇਸ ਸੱਪਣੀ ਮਾਇਆ ਨੂੰ ਜਿੱਤ ਲਿਆ ਹੈ, ਜਮ ਵਿਚਾਰਾ ਭੀ ਉਸ ਦਾ ਕੁਝ ਵਿਗਾੜ ਨਹੀਂ ਸਕਦਾ ॥੩॥
21743	481	ਇਹ ਸ੍ਰਪਨੀ ਤਾ ਕੀ ਕੀਤੀ ਹੋਈ॥		Eih Srapanee Thaa Kee Keethee Hoee ||	This she-serpent is created by Him.	ਇਹ ਮਾਇਆ ਉਸ ਪਰਮਾਤਮਾ ਦੀ ਬਣਾਈ ਹੋਈ ਹੈ, (ਜਿਸ ਨੇ ਸਾਰਾ ਜਗਤ ਰਚਿਆ ਹੈ;
21744	481	ਬਲੁ ਅਬਲੁ ਕਿਆ ਇਸ ਤੇ ਹੋਈ॥੪॥	ਅ-ਬਲ	Bal Abal Kiaa Eis Thae Hoee ||4||	What power or weakness does she have by herself? ||4||	ਸੋ ਪ੍ਰਭੂ ਦੇ ਹੁਕਮ ਤੋਂ ਬਿਨਾ) ਇਸ ਦੇ ਆਪਣੇ ਵੱਸ ਦੀ ਗੱਲ ਨਹੀਂ ਕਿ ਕਿਸੇ ਉੱਤੇ ਜ਼ੋਰ ਪਾ ਸਕੇ ਜਾਂ ਕਿਸੇ ਤੋਂ ਹਾਰ ਖਾ ਜਾਏ ॥੪॥

21745	481	ਇਹ ਬਸਤੀ ਤਾ ਬਸਤ ਸਰੀਰਾ॥	(ਸਰੀਰਾ) ਸ੍ਰੀਰਾਂ ਜੂਨਾਂ ਚ	Eih Basathee Thaa Basath Sareeraa ||	If she abides with the mortal, then his soul abides in his body.	ਜਿਤਨਾ ਚਿਰ ਇਹ ਮਾਇਆ ਮਨੁੱਖ ਦੇ ਮਨ ਵਿਚ ਵੱਸਦੀ ਹੈ, ਤਦ ਤਕ ਜੀਵ ਸਰੀਰਾਂ ਵਿਚ (ਭਾਵ, ਜਨਮ-ਮਰਨ ਦੇ ਚੱਕਰ ਵਿਚ) ਪਿਆ ਰਹਿੰਦਾ ਹੈ।
21746	481	ਗੁਰ ਪ੍ਰਸਾਦਿ ਸਹਜਿ ਤਰੇ ਕਬੀਰਾ॥੫॥੬॥੧੯॥		Gur Prasaadh Sehaj Tharae Kabeeraa ||5||6||19||	By Guru's Grace, Kabeer has easily crossed over. ||5||6||19||	ਕਬੀਰ ਆਪਣੇ ਗੁਰੂ ਦੀ ਕਿਰਪਾ ਨਾਲ ਅਡੋਲ ਰਹਿ ਕੇ (ਜਨਮ-ਮਰਨ ਦੀ ਘੁੰਮਣ-ਘੇਰੀ ਵਿਚੋਂ) ਲੰਘ ਗਿਆ ਹੈ ॥੫॥੬॥੧੯॥
21747	481	ਆਸਾ॥		Aasaa ||	Aasaa:	
21748	481	ਕਹਾ ਸੁਆਨ ਕਉ ਸਿਮ੍ਰਿਤਿ ਸੁਨਾਏ॥	(ਸੁਆਨ) ਕੁੱਤਾ। ਸਿਮ੍ਰਿਤਿ	Kehaa Suaan Ko Simrith Sunaaeae ||	Why bother to read the Simritees to a dog?	(ਜਿਵੇਂ) ਕੁੱਤੇ ਨੂੰ ਸਿੰਮ੍ਰਿਤੀਆਂ ਸੁਣਾਉਣ ਦਾ ਕੋਈ ਲਾਭ ਨਹੀਂ ਹੁੰਦਾ,
21749	481	ਕਹਾ ਸਾਕਤ ਪਹਿ ਹਰਿ ਗੁਨ ਗਾਏ॥੧॥		Kehaa Saakath Pehi Har Gun Gaaeae ||1||	Why bother to sing the Lord's Praises to the faithless cynic? ||1||	ਤਿਵੇਂ ਸਾਕਤ ਦੇ ਕੋਲ ਪਰਮਾਤਮਾ ਦੇ ਗੁਣ ਗਾਵਿਆਂ ਸਾਕਤ ਉੱਤੇ ਅਸਰ ਨਹੀਂ ਪੈਂਦਾ ॥੧॥
21750	481	ਰਾਮ ਰਾਮ ਰਾਮ ਰਮੇ ਰਮਿ ਰਹੀਐ॥		Raam Raam Raam Ramae Ram Reheeai ||	Remain absorbed in the Lord's Name, Raam, Raam, Raam.	(ਆਪ ਹੀ) ਸਦਾ ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ,

21751	481	ਸਾਕਤ ਸਿਉ ਭੂਲਿ ਨਹੀ ਕਹੀਐ॥੧॥ਰਹਾਉ॥		Saakath Sio Bhool Nehee Keheeai ||1|| Rehaao ||	Do not bother to speak of it to the faithless cynic, even by mistake. ||1||Pause||	ਕਦੇ ਭੀ ਕਿਸੇ ਸਾਕਤ ਨੂੰ ਸਿਮਰਨ ਕਰਨ ਦੀ ਸਿੱਖਿਆ ਨਹੀਂ ਦੇਣੀ ਚਾਹੀਦੀ ॥੧॥ ਰਹਾਉ ॥
21752	481	ਕਉਆ ਕਹਾ ਕਪੂਰ ਚਰਾਏ॥	(ਚਰਾਏ) ਖੁਆਏ।ਚਰਾਏ: ਪੋਲਾ ਬੋਲੋ	Kooaa Kehaa Kapoor Charaaeae ||	Why offer camphor to a crow?	ਕਾਂ ਨੂੰ ਮੁਸ਼ਕ-ਕਾਫ਼ੂਰ ਖੁਆਉਣ ਤੋਂ ਕੋਈ ਗੁਣ ਨਹੀਂ ਨਿਕਲਦਾ (ਕਿਉਂਕਿ ਕਾਂ ਦੀ ਗੰਦ ਖਾਣ ਦੀ ਆਦਤ ਨਹੀਂ ਜਾ ਸਕਦੀ)
21753	481	ਕਹ ਬਿਸੀਅਰ ਕਉ ਦੂਧੁ ਪੀਆਏ॥੨॥		Keh Biseear Ko Dhoodhh Peeaaeae ||2||	Why give the snake milk to drink? ||2||	(ਇਸੇ ਤਰ੍ਹਾਂ) ਸੱਪ ਨੂੰ ਦੁੱਧ ਪਿਲਾਉਣ ਨਾਲ ਭੀ ਕੋਈ ਫ਼ਾਇਦਾ ਨਹੀਂ ਹੋ ਸਕਦਾ (ਉਹ ਡੰਗ ਮਾਰਨੋਂ ਫਿਰ ਭੀ ਨਹੀਂ ਟਲੇਗਾ) ॥੨॥
21754	481	ਸਤਸੰਗਤਿ ਮਿਲਿ ਬਿਬੇਕ ਬੁਧਿ ਹੋਈ॥		Sathasangath Mil Bibaek Budhh Hoee ||	Joining the Sat Sangat, the True Congregation, discriminating understanding is attained.	ਇਹ ਚੰਗੇ-ਮੰਦੇ ਕੰਮ ਦੀ ਪਰਖ ਕਰਨ ਵਾਲੀ ਅਕਲ ਸਾਧ-ਸੰਗਤ ਵਿਚ ਬੈਠਿਆਂ ਹੀ ਆਉਂਦੀ ਹੈ,
21755	481	ਪਾਰਸੁ ਪਰਸਿ ਲੋਹਾ ਕੰਚਨੁ ਸੋਈ॥੩॥		Paaras Paras Lohaa Kanchan Soee ||3||	That iron which touches the Philosopher's Stone becomes gold. ||3||	ਜਿਵੇਂ ਪਾਰਸ ਨੂੰ ਛੋਹ ਕੇ ਉਹ ਲੋਹਾ ਭੀ ਸੋਨਾ ਹੋ ਜਾਂਦਾ ਹੈ ॥੩॥

21756	481	ਸਾਕਤੁ ਸੁਆਨੁ ਸਭੁ ਕਰੇ ਕਰਾਇਆ॥		Saakath Suaan Sabh Karae Karaaeiaa ||	The dog, the faithless cynic, does everything as the Lord causes him to do.	ਕੁੱਤਾ ਤੇ ਸਾਕਤ ਜੋ ਕੁਝ ਕਰਦਾ ਹੈ, ਪ੍ਰੇਰਿਆ ਹੋਇਆ ਹੀ ਕਰਦਾ ਹੈ,
21757	481	ਜੋ ਧੁਰਿ ਲਿਖਿਆ ਸੁ ਕਰਮ ਕਮਾਇਆ॥੪॥		Jo Dhhur Likhiaa S Karam Kamaaeiaa ||4||	He does the deeds pre-ordained from the very beginning. ||4||	ਪਿਛਲੇ ਕੀਤੇ ਕਰਮਾਂ-ਅਨੁਸਾਰ ਜੋ ਕੁਝ ਮੁੱਢ ਤੋਂ ਇਸ ਦੇ ਮੱਥੇ ਉੱਤੇ ਲਿਖਿਆ ਹੈ (ਭਾਵ, ਜੋ ਸੰਸਕਾਰ ਇਸ ਦੇ ਮਨ ਵਿਚ ਬਣ ਚੁਕੇ ਹਨ) ਉਸੇ ਤਰ੍ਹਾਂ ਹੀ ਹੁਣ ਕਰੀ ਜਾਂਦਾ ਹੈ ॥੪॥
21758	481	ਅੰਮ੍ਰਿਤੁ ਲੈ ਲੈ ਨੀਮੁ ਸਿੰਚਾਈ॥		Anmrith Lai Lai Neem Sinchaaee ||	If you take Ambrosial Nectar and irrigate the neem tree with it,	ਕਬੀਰ ਆਖਦਾ ਹੈ-ਜੇ ਅੰਮ੍ਰਿਤ (ਭਾਵ, ਮਿਠਾਸ ਵਾਲਾ ਜਲ) ਲੈ ਕੇ ਨਿੰਮ ਦੇ ਬੂਟੇ ਨੂੰ ਮੁੜ ਮੁੜ ਸਿੰਜਦੇ ਰਹੀਏ,
21759	481	ਕਹਤ ਕਬੀਰ ਉਆ ਕੋ ਸਹਜੁ ਨ ਜਾਈ॥੫॥੭॥੨੦॥	(ਸਹਜੁ) ਸੁਭਾਉ	Kehath Kabeer Ouaa Ko Sehaj N Jaaee ||5||7||20||	Still, says Kabeer, its natural qualities are not changed. ||5||7||20||	ਤਾਂ ਭੀ ਉਸ ਬੂਟੇ ਦਾ ਜਮਾਂਦਰੂ (ਕੁੜਿੱਤਣ ਵਾਲਾ) ਸੁਭਾਉ ਦੂਰ ਨਹੀਂ ਹੋ ਸਕਦਾ ॥੫॥੭॥੨੦॥
21760	481	ਆਸਾ॥		Aasaa ||	Aasaa:	
21761	481	ਲੰਕਾ ਸਾ ਕੋਟੁ ਸਮੁੰਦ ਸੀ ਖਾਈ॥	(ਕੋਟੁ) ਕਿਲਾ	Lankaa Saa Kott Samundh See Khaaee ||	A fortress like that of Sri Lanka, with the ocean as a moat around it	ਜਿਸ ਰਾਵਣ ਦਾ ਲੰਕਾ ਵਰਗਾ ਕਿਲ੍ਹਾ ਸੀ, ਤੇ ਸਮੁੰਦਰ ਵਰਗੀ (ਉਸ ਕਿਲ੍ਹੇ ਦੀ ਰਾਖੀ ਲਈ) ਖਾਈ ਸੀ,

21762	481	ਤਿਹ ਰਾਵਨ ਘਰ ਖਬਰਿ ਨ ਪਾਈ॥੧॥		Thih Raavan Ghar Khabar N Paaee ||1||	- there is no news about that house of Raavan. ||1||	ਉਸ ਰਾਵਣ ਦੇ ਘਰ ਦਾ ਅੱਜ ਨਿਸ਼ਾਨ ਨਹੀਂ ਮਿਲਦਾ ॥੧॥
21763	481	ਕਿਆ ਮਾਗਉ ਕਿਛੁ ਥਿਰੁ ਨ ਰਹਾਈ॥		Kiaa Maago Kishh Thhir N Rehaaee ||	What shall I ask for? Nothing is permanent.	ਮੈਂ (ਪਰਮਾਤਮਾ ਪਾਸੋਂ ਦੁਨੀਆ ਦੀ) ਕਿਹੜੀ ਸ਼ੈ ਮੰਗਾਂ? ਕੋਈ ਸ਼ੈ ਸਦਾ ਰਹਿਣ ਵਾਲੀ ਨਹੀਂ ਹੈ;
21764	481	ਦੇਖਤ ਨੈਨ ਚਲਿਓ ਜਗੁ ਜਾਈ॥੧॥ਰਹਾਉ॥	ਜੱਗੁ	Dhaekhath Nain Chaliou Jag Jaaee ||1|| Rehaao ||	I see with my eyes that the world is passing away. ||1||Pause||	ਮੇਰੇ ਅੱਖੀਂ ਵੇਂਹਦਿਆਂ ਸਾਰਾ ਜਗਤ ਤੁਰਿਆ ਜਾ ਰਿਹਾ ਹੈ ॥੧॥ ਰਹਾਉ ॥
21765	481	ਇਕੁ ਲਖੁ ਪੂਤ ਸਵਾ ਲਖੁ ਨਾਤੀ॥	(ਨੱਤੀ) ਪੋਤਰੇ	Eik Lakh Pooth Savaa Lakh Naathee ||	Thousands of sons and thousands of grandsons	ਜਿਸ ਰਾਵਣ ਦੇ ਇੱਕ ਲੱਖ ਪੁੱਤਰ ਤੇ ਸਵਾ ਲੱਖ ਪੋਤਰੇ (ਦੱਸੇ ਜਾਂਦੇ ਹਨ),
21766	481	ਤਿਹ ਰਾਵਨ ਘਰ ਦੀਆ ਨ ਬਾਤੀ॥੨॥	(ਦੀਆ) ਦੀਵਾ। (ਬਾੱਤੀ) ਬੱਤੀ	Thih Raavan Ghar Dheeaa N Baathee ||2||	- but in that house of Raavan, the lamps and wicks have gone out. ||2||	ਉਸ ਦੇ ਮਹਿਲਾਂ ਵਿਚ ਕਿਤੇ ਦੀਵਾ-ਵੱਟੀ ਜਗਦਾ ਨਾਹ ਰਿਹਾ ॥੨॥
21767	481	ਚੰਦੁ ਸੂਰਜੁ ਜਾ ਕੇ ਤਪਤ ਰਸੋਈ॥		Chandh Sooraj Jaa Kae Thapath Rasoee ||	The moon and the sun cooked his food.	(ਇਹ ਉਸ ਰਾਵਣ ਦਾ ਜ਼ਿਕਰ ਹੈ) ਜਿਸ ਦੀ ਰਸੋਈ ਚੰਦ੍ਰਮਾ ਤੇ ਸੂਰਜ ਤਿਆਰ ਕਰਦੇ ਸਨ,

21768	481	ਬੈਸੰਤਰੁ ਜਾ ਕੇ ਕਪਰੇ ਧੋਈ॥੩॥	(ਕੱਪਰੇ) ਕੱਪੜੇ	Baisanthar Jaa Kae Kaparae Dhhoee ||3||	The fire washed his clothes. ||3||	ਜਿਸ ਦੇ ਕੱਪੜੇ ਬੈਸੰਤਰ ਦੇਵਤਾ ਧੋਂਦਾ ਸੀ (ਭਾਵ, ਜਿਸ ਰਾਵਣ ਦੇ ਪੁੱਤਰ ਪੋਤਰਿਆਂ ਦੀ ਰੋਟੀ ਤਿਆਰ ਕਰਨ ਲਈ ਦਿਨੇ ਰਾਤ ਰਸੋਈ ਤਪਦੀ ਰਹਿੰਦੀ ਸੀ ਤੇ ਉਹਨਾਂ ਦੇ ਕੱਪੜੇ ਸਾਫ਼ ਕਰਨ ਲਈ ਹਰ ਵੇਲੇ ਅੱਗ ਦੀਆਂ ਭੱਠੀਆਂ ਚੜ੍ਹੀਆਂ ਰਹਿੰਦੀਆਂ ਸਨ) ॥੩॥
21769	481	ਗੁਰਮਤਿ ਰਾਮੈ ਨਾਮਿ ਬਸਾਈ॥		Guramath Raamai Naam Basaaee ||	Under Guru's Instructions, one whose mind is filled with the Lord's Name,	(ਸੋ) ਜੋ ਮਨੁੱਖ (ਇਸ ਨਾਸਵੰਤ ਜਗਤ ਵਲੋਂ ਹਟਾ ਕੇ ਆਪਣੇ ਮਨ ਨੂੰ) ਸਤਿਗੁਰੂ ਦੀ ਮੱਤ ਲੈ ਕੇ ਪ੍ਰਭੂ ਦੇ ਨਾਮ ਵਿਚ ਟਿਕਾਉਂਦਾ ਹੈ,
21770	481	ਅਸਥਿਰੁ ਰਹੈ ਨ ਕਤਹੂੰ ਜਾਈ॥੪॥		Asathhir Rehai N Kathehoon Jaaee ||4||	Becomes permanent, and does not go anywhere. ||4||	ਉਹ ਸਦਾ ਅਡੋਲ ਰਹਿੰਦਾ ਹੈ, ਇਸ ਜਗਤ-ਮਾਇਆ ਦੀ ਖ਼ਾਤਰ) ਭਟਕਦਾ ਨਹੀਂ ਹੈ ॥੪॥
21771	481	ਕਹਤ ਕਬੀਰ ਸੁਨਹੁ ਰੇ ਲੋਈ॥	(ਲੋਈ) ਲੋਕਾਈ, ਲੋਕੋ	Kehath Kabeer Sunahu Rae Loee ||	Says Kabeer, listen, people:	ਕਬੀਰ ਆਖਦਾ ਹੈ-ਸੁਣੋ, ਹੇ ਜਗਤ ਦੇ ਲੋਕੋ!
21772	481	ਰਾਮ ਨਾਮ ਬਿਨੁ ਮੁਕਤਿ ਨ ਹੋਈ॥੫॥੮॥੨੧॥		Raam Naam Bin Mukath N Hoee ||5||8||21||	Without the Lord's Name, no one is liberated. ||5||8||21||	ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ (ਜਗਤ ਦੇ ਇਸ ਮੋਹ ਤੋਂ ਖ਼ਲਾਸੀ ਨਹੀਂ ਹੋ ਸਕਦੀ) ॥੫॥੮॥੨੧॥
21773	481	ਆਸਾ॥		Aasaa ||	Aasaa:	

21774	481	ਪਹਿਲਾ ਪੂਤੁ ਪਿਛੈਰੀ ਮਾਈ॥		Pehilaa Pooth Pishhairee Maaee ||	First, the son was born, and then, his mother.	ਇਹ ਜੀਵਾਤਮਾ ਤਾਂ ਪਵਿੱਤਰ (ਪਰਮਾਤਮਾ ਦੀ ਅੰਸ) ਸੀ, ਪਰ ਇਸ ਉੱਤੇ ਮਾਇਆ ਦਾ ਪ੍ਰਭਾਵ ਪੈ ਗਿਆ,
21775	481	ਗੁਰੁ ਲਾਗੋ ਚੇਲੇ ਕੀ ਪਾਈ॥੧॥		Gur Laago Chaelae Kee Paaee ||1||	The guru falls at the feet of the disciple. ||1||	ਤੇ ਵੱਡੇ ਅਸਲੇ ਵਾਲਾ ਜੀਵ (ਆਪਣੇ ਹੀ ਬਣਾਏ ਹੋਏ) ਮਨ ਚੇਲੇ ਦੀ ਪੈਰੀਂ ਲੱਗਣ ਲੱਗ ਪਿਆ (ਭਾਵ, ਮਨ ਦੇ ਪਿੱਛੇ ਤੁਰਨ ਲੱਗ ਪਿਆ) ॥੧॥
21776	481	ਏਕੁ ਅਚੰਭਉ ਸੁਨਹੁ ਤੁਮ੍ ਭਾਈ॥		Eaek Achanbho Sunahu Thumh Bhaaee ||	Listen to this wonderful thing, O Siblings of Destiny!	ਸੁਣੋ ਇਕ ਅਚਰਜ ਖੇਡ (ਜੋ ਜਗਤ ਵਿਚ ਵਰਤ ਰਹੀ ਹੈ।)
21777	481	ਦੇਖਤ ਸਿੰਘੁ ਚਰਾਵਤ ਗਾਈ॥੧॥ਰਹਾਉ॥		Dhaekhath Singh Charaavath Gaaee ||1|| Rehaao ||	I saw the lion herding the cows. ||1||Pause||	ਸਾਡੇ ਵੇਖਦਿਆਂ ਇਹ ਨਿਡਰ ਅਸਲੇ ਵਾਲਾ ਜੀਵ ਇੰਦ੍ਰਿਆਂ ਨੂੰ ਪ੍ਰਸੰਨ ਕਰਦਾ ਫਿਰਦਾ ਹੈ, ਮਾਨੋ, ਸ਼ੇਰ ਗਾਈਆਂ ਚਾਰਦਾ ਫਿਰਦਾ ਹੈ ॥੧॥ ਰਹਾਉ ॥
21778	481	ਜਲ ਕੀ ਮਛੁਲੀ ਤਰਵਰਿ ਬਿਆਈ॥	(ਤਰਵਰਿ) ਦਰਖਤ ਤੇ। (ਬਿਆਈ) ਸੂ ਪਈ, ਜਨਮ ਦਿੱਤਾ	Jal Kee Mashhulee Tharavar Biaaee ||	The fish of the water gives birth upon a tree.	ਸਤਸੰਗ ਦੇ ਆਸਰੇ ਜੀਊਣ ਵਾਲੀ ਜਿੰਦ ਸੰਸਾਰਕ ਕੰਮਾਂ ਵਿਚ ਰੁੱਝ ਗਈ ਹੈ,
21779	481	ਦੇਖਤ ਕੁਤਰਾ ਲੈ ਗਈ ਬਿਲਾਈ॥੨॥	(ਕੁਤਰਾ) ਕਤੂਰਾ। (ਬਿਲਾਈ) ਬਿੱਲੀ	Dhaekhath Kutharaa Lai Gee Bilaaee ||2||	I saw a cat carrying away a dog. ||2||	ਤ੍ਰਿਸ਼ਨਾ-ਬਿੱਲੀ ਇਸ ਦੇ ਸੰਤੋਖ ਨੂੰ ਸਾਡੇ ਵੇਖਦਿਆਂ ਹੀ ਫੜ ਲੈ ਗਈ ਹੈ ॥੨॥

21780	481	ਤਲੈ ਰੇ ਬੈਸਾ ਊਪਰਿ ਸੂਲਾ॥	ਸਭ ਦੇ ਚਰਨਾ (ਤਲੈ)ਥੱਲੇ। (ਬੈਸਾ)ਬੈਸਣੇ ਕਰਕੇ (ਸੂਲਾ)ਦੁੱਖ ਤੋਂ ਊਪਰਿ ਹੋਵੇ	Thalai Rae Baisaa Oopar Soolaa ||	The branches are below, and the roots are above.	ਹੇ ਭਾਈ! ਇਸ ਜੀਵ ਨੇ ਸੰਸਾਰਕ ਪਸਾਰੇ ਨੂੰ ਆਪਣਾ ਬਣਾ ਲਿਆ ਹੈ ਤੇ ਅਸਲੀ ਮੂਲ-ਪ੍ਰਭੂ ਨੂੰ ਆਪਣੇ ਅੰਦਰੋਂ ਬਾਹਰ ਕੱਢ ਦਿੱਤਾ ਹੈ।
21781	481	ਤਿਸ ਕੈ ਪੇਡਿ ਲਗੇ ਫਲ ਫੂਲਾ॥੩॥		This Kai Paedd Lagae Fal Foolaa ||3||	The trunk of that tree bears fruits and flowers. ||3||	ਹੁਣ ਇਹੋ ਜਿਹੇ (ਜੀਵ-ਰੁੱਖ) ਦੇ ਪੇੜ ਨੂੰ ਫੁੱਲ ਫਲ ਭੀ ਅਜਿਹੇ ਹੀ ਵਾਸਨਾ ਦੇ ਹੀ ਲੱਗ ਰਹੇ ਹਨ ॥੩॥
21782	481	ਘੋਰੈ ਚਰਿ ਭੈਸ ਚਰਾਵਨ ਜਾਈ॥	ਚਰ੍ਹਿ	Ghorai Char Bhais Charaavan Jaaee ||	Riding a horse, the buffalo takes him out to graze.	(ਜੀਵਾਤਮਾ ਦੇ ਕਮਜ਼ੋਰ ਪੈਣ ਕਰਕੇ) ਵਾਸ਼ਨਾ-ਭੈਂਸ ਮਨ-ਘੋੜੇ ਉੱਤੇ ਸਵਾਰ ਹੋ ਕੇ ਇਸ ਨੂੰ ਵਿਸ਼ੇ ਭੋਗਣ ਲਈ ਭਜਾਈ ਫਿਰਦੀ ਹੈ।
21783	481	ਬਾਹਰਿ ਬੈਲੁ ਗੋਨਿ ਘਰਿ ਆਈ॥੪॥	(ਗੋਨਿ) ਛੱਟ	Baahar Bail Gon Ghar Aaee ||4||	The bull is away, while his load has come home. ||4||	(ਹੁਣ ਹਾਲਤ ਇਹ ਬਣ ਗਈ ਹੈ ਕਿ) ਧੀਰਜ-ਰੂਪ ਬਲਦ ਬਾਹਰ ਨਿਕਲ ਗਿਆ ਹੈ (ਭਾਵ, ਧੀਰਜ ਨਹੀਂ ਰਹਿ ਗਈ), ਤੇ ਤ੍ਰਿਸ਼ਨਾ ਦੀ ਛੱਟ ਜੀਵ ਉੱਤੇ ਆ ਪਈ ਹੈ ॥੪॥
21784	481	ਕਹਤ ਕਬੀਰ ਜੁ ਇਸ ਪਦ ਬੂਝੈ॥	ਬੂੱਝੈ	Kehath Kabeer J Eis Padh Boojhai ||	Says Kabeer, one who understands this hymn,	ਕਬੀਰ ਆਖਦਾ ਹੈ-ਜੋ ਮਨੁੱਖ ਇਸ (ਵਾਪਰਨ ਵਾਲੀ) ਹਾਲਤ ਨੂੰ ਸਮਝ ਲੈਂਦਾ ਹੈ,

21785	481	ਰਾਮ ਰਮਤ ਤਿਸੁ ਸਭੁ ਕਿਛੁ ਸੂਝੈ॥੫॥੯॥੨੨॥ ਬਾਈਸ ਚਉਪਦੇ ਤਥਾ ਪੰਚਪਦੇ॥	(ਰਮਤ) ਸਿਮਰਦਿਆਂ	Raam Ramath This Sabh Kishh Soojhai ||5||9||22||Baaees Choupadhae Thathhaa Panchapadhae||	And chants the Lord's Name, comes to understand everything. ||5||9||22||22 Chau-Padas And Panch-Padas,	ਪਰਮਾਤਮਾ ਦਾ ਸਿਮਰਨ ਕਰ ਕੇ ਉਸ ਨੂੰ ਜੀਵਨ ਦੇ ਸਹੀ ਰਸਤੇ ਦੀ ਸਾਰੀ ਸੂਝ ਪੈ ਜਾਂਦੀ ਹੈ (ਤੇ, ਉਹ ਇਸ ਤ੍ਰਿਸ਼ਨਾ-ਜਾਲ ਵਿਚ ਨਹੀਂ ਫਸਦਾ) ॥੫॥੯॥੨੨॥ ਬਾਈਸ ਚਉਪਦੇ ਤਥਾ ਪੰਚਪਦੇ
21786	481	ਆਸਾ ਸ੍ਰੀ ਕਬੀਰ ਜੀਉ ਕੇ ਤਿਪਦੇ ੮॥ ਦੁਤੁਕੇ ੭ ਇਕਤੁਕਾ ੧	ਤਿ-ਪਦੇ ਅੱਠ, ਦੁ-ਤੁਕੇ ਸੱਤ, ਇਕਤੁਕਾ ਇੱਕ	Aasaa Sree Kabeer Jeeo Kae Thipadhae 8 Dhuthukae 7 Eikathukaa 1	Aasaa Of Kabeer Jee, 8 Tri-Padas, 7 Du-Tukas, 1 Ik-Tuka:	ਰਾਗ ਆਸਾ ਵਿੱਚ ਭਗਤ ਕਬੀਰ ਜੀ ਦੀ ਤਿੰਨ-ਬੰਦਾਂ-ਇਕ/ਦੋ-ਤੁਕਿਆਂ ਵਾਲੀ ਬਾਣੀ।
21787	481	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
21788	481	ਬਿੰਦੁ ਤੇ ਜਿਨਿ ਪਿੰਡੁ ਕੀਆ ਅਗਨਿ ਕੁੰਡ ਰਹਾਇਆ॥	(ਪਿੰਡੁ) ਸ੍ਰੀਰ। (ਰਹਾਇਆ) ਰੱਖਿਆ ਕੀਤੀ	Bindh Thae Jin Pindd Keeaa Agan Kundd Rehaaeiaa ||	The Lord created the body from sperm, and protected it in the fire pit.	ਜਿਸ ਪ੍ਰਭੂ ਨੇ (ਪਿਤਾ ਦੀ) ਇਕ ਬੂੰਦ ਤੋਂ (ਤੇਰਾ) ਸਰੀਰ ਬਣਾ ਦਿੱਤਾ, ਤੇ (ਮਾਂ ਦੇ ਪੇਟ ਦੀ) ਅੱਗ ਦੇ ਕੁੰਡ ਵਿਚ ਤੈਨੂੰ ਬਚਾਈ ਰੱਖਿਆ,

21789	481	ਦਸ ਮਾਸ ਮਾਤਾ ਉਦਰਿ ਰਾਖਿਆ ਬਹੁਰਿ ਲਾਗੀ ਮਾਇਆ॥੧॥		Dhas Maas Maathaa Oudhar Raakhiaa Bahur Laagee Maaeiaa ||1||	For ten months He preserved you in your mother's womb, and then, after you were born, you became attached to Maya. ||1||	ਦਸ ਮਹੀਨੇ ਮਾਂ ਦੇ ਪੇਟ ਵਿਚ ਤੇਰੀ ਰਾਖੀ ਕੀਤੀ, (ਉਸ ਨੂੰ ਵਿਸਾਰਨ ਕਰ ਕੇ) ਜਗਤ ਵਿਚ ਜਨਮ ਲੈਣ ਤੇ ਤੈਨੂੰ ਮਾਇਆ ਨੇ ਆ ਦਬਾਇਆ ਹੈ ॥੧॥
21790	481	ਪ੍ਰਾਨੀ ਕਾਹੇ ਕਉ ਲੋਭਿ ਲਾਗੇ ਰਤਨ ਜਨਮੁ ਖੋਇਆ॥		Praanee Kaahae Ko Lobh Laagae Rathan Janam Khoeiaa ||	O mortal, why have you attached yourself to greed, and lost the jewel of life?	ਹੇ ਬੰਦੇ! ਕਿਉਂ ਲੋਭ ਵਿਚ ਫਸ ਰਿਹਾ ਹੈਂ ਤੇ ਹੀਰਾ-ਜਨਮ ਗਵਾ ਰਿਹਾ ਹੈਂ?
21791	481	ਪੂਰਬ ਜਨਮਿ ਕਰਮ ਭੂਮਿ ਬੀਜੁ ਨਾਹੀ ਬੋਇਆ॥੧॥ਰਹਾਉ ॥		Poorab Janam Karam Bhoom Beej Naahee Boeiaa ||1|| Rehaao ||	You did not plant the seeds of good actions in the earth of your past lives. ||1||Pause||	ਪਿਛਲੇ ਜਨਮ ਵਿਚ (ਕੀਤੇ) ਕਰਮਾਂ-ਅਨੁਸਾਰ (ਮਿਲੇ ਇਸ ਮਨੁੱਖਾ-) ਸਰੀਰ ਵਿਚ ਕਿਉਂ ਤੂੰ ਪ੍ਰਭੂ ਦਾ ਨਾਮ-ਰੂਪ ਬੀਜ ਨਹੀਂ ਬੀਜਦਾ? ॥੧॥ ਰਹਾਉ ॥
21792	481	ਬਾਰਿਕ ਤੇ ਬਿਰਧਿ ਭਇਆ ਹੋਨਾ ਸੋ ਹੋਇਆ॥		Baarik Thae Biradhh Bhaeiaa Honaa So Hoeiaa ||	From an infant, you have grown old. That which was to happen, has happened.	ਹੁਣ ਤੂੰ ਬਾਲਕ ਤੋਂ ਬੁੱਢਾ ਹੋ ਗਿਆ ਹੈਂ, ਪਿਛਲਾ ਬੀਤਿਆ ਸਮਾ ਹੱਥ ਨਹੀਂ ਆਉਣਾ।
21793	481	ਜਾ ਜਮੁ ਆਇ ਝੋਟ ਪਕਰੈ ਤਬਹਿ ਕਾਹੇ ਰੋਇਆ॥੨॥	(ਝੋਟ) ਕੇਸ	Jaa Jam Aae Jhott Pakarai Thabehi Kaahae Roeiaa ||2||	When the Messenger of Death comes and grabs you by your hair, why do you cry out then? ||2||	ਜਿਸ ਵੇਲੇ ਜਮ ਸਿਰੋਂ ਆ ਫੜੇਗਾ, ਤਦੋਂ ਰੋਣ ਦਾ ਕੀਹ ਲਾਭ ਹੋਵੇਗਾ? ॥੨॥

21794	482	ਜੀਵਨੈ ਕੀ ਆਸ ਕਰਹਿ ਜਮੁ ਨਿਹਾਰੈ ਸਾਸਾ॥	(ਨਿਹਾਰੈ) ਤੱਕਦਾ	Jeevanai Kee Aas Karehi Jam Nihaarai Saasaa ||	You hope for long life, while Death counts your breaths.	(ਬੁੱਢਾ ਹੋ ਕੇ ਅਜੇ ਭੀ) ਤੂੰ (ਹੋਰ) ਜੀਊਣ ਦੀਆਂ ਆਸਾਂ ਬਣਾ ਰਿਹਾ ਹੈਂ, (ਤੇ ਉਧਰ) ਜਮ ਤੇਰੇ ਸਾਹ ਤੱਕ ਰਿਹਾ ਹੈ (ਭਾਵ, ਗਿਣ) ਰਿਹਾ ਹੈ ਕਿ ਕਦੋਂ ਮੁੱਕਣ ਤੇ ਆਉਂਦੇ ਹਨ।
21795	482	ਬਾਜੀਗਰੀ ਸੰਸਾਰੁ ਕਬੀਰਾ ਚੇਤਿ ਢਾਲਿ ਪਾਸਾ॥੩॥੧॥੨੩॥		Baajeegaree Sansaar Kabeeraa Chaeth Dtaal Paasaa ||3||1||23||	The world is a game, O Kabeer, so throw the dice consciously. ||3||1||23||	ਹੇ ਕਬੀਰ! ਜਗਤ ਨਟ ਦੀ ਖੇਡ ਹੀ ਹੈ, (ਇਸ ਖੇਡ ਵਿਚ ਜਿੱਤਣ ਲਈ) ਪ੍ਰਭੂ ਦੀ ਯਾਦ ਦਾ ਪਾਸਾ ਸੁੱਟ (ਪ੍ਰਭੂ ਦੀ ਯਾਦ ਦੀ ਖੇਡ ਖੇਡੋ) ॥੩॥੧॥੨੩॥
21796	482	ਆਸਾ॥		Aasaa ||	Aasaa:	
21797	482	ਤਨੁ ਰੈਨੀ ਮਨੁ ਪੁਨ ਰਪਿ ਕਰਿਹਉ ਪਾਚਉ ਤਤ ਬਰਾਤੀ॥	(ਰੈਨੀ)ਮੱਟੀ। (ਪੁਨ) ਸ਼ੁਭ ਕਰਮਾਂ ਚ (ਰਪਿ)ਰੰਗਣਾ। ਇੱਥੇ ਪੁਨ ਰਪਿ ਵੱਖ, ਹੋਰ ਸਭ ਥਾਂ ਪੁਨਰਪਿ। ਕਰਿ-ਹਉ	Than Rainee Man Pun Rap Kar Ho Paacho Thath Baraathee ||	I make my body the dying vat, and within it, I dye my mind. I make the five elements my marriage guests.	ਮੈਂ ਆਪਣੇ ਸਰੀਰ ਨੂੰ (ਆਪਣਾ ਮਨ ਰੰਗਣ ਲਈ) ਰੰਗਣ ਵਾਲਾ ਭਾਂਡਾ ਬਣਾਇਆ ਹੈ, (ਭਾਵ, ਮੈਂ ਆਪਣੇ ਮਨ ਨੂੰ ਬਾਹਰ ਭਟਕਣ ਤੋਂ ਵਰਜ ਕੇ ਸਰੀਰ ਦੇ ਅੰਦਰ ਹੀ ਰੱਖ ਰਹੀ ਹਾਂ)। ਮਨ ਨੂੰ ਮੈਂ ਭਲੇ ਗੁਣਾਂ (ਦੇ ਰੰਗ) ਨਾਲ ਰੰਗਿਆ ਹੈ, (ਇਸ ਕੰਮ ਵਿਚ ਸਹਾਇਤਾ ਕਰਨ ਲਈ) ਦਇਆ ਧਰਮ ਆਦਿਕ ਦੈਵੀ ਗੁਣਾਂ ਨੂੰ ਮੈਂ ਮੇਲੀ (ਜਾਂਞੀ) ਬਣਾਇਆ ਹੈ।

21798	482	ਰਾਮਰਾਇ ਸਿਉ ਭਾਵਰਿ ਲੈਹਉ ਆਤਮ ਤਿਹ ਰੰਗ ਰਾਤੀ॥੧॥	ਪ੍ਰੇਮ ਨਿਮ੍ਰਤਾ ਗ੍ਰੀਬੀ ਸਤਿ ਸੰਤੋਖ ਪੂਰਨ ਇਕਾਗ੍ਰਤਾ ਅਜਪਾ ਜਾਪ ਚ ਲੀਣਤਾ ਰੂਪ (ਭਾਵਰਿ) ਲਾਵਾਂ ਫੇਰੇ	Raam Raae Sio Bhaavar Laiho Aatham Thih Rang Raathee ||1||	I take my marriage vows with the Lord, my King; my soul is imbued with His Love. ||1||	ਹੁਣ ਮੈਂ ਜਗਤ-ਪਤੀ ਪਰਮਾਤਮਾ ਨਾਲ ਲਾਵਾਂ ਲੈ ਰਹੀ ਹਾਂ, ਤੇ ਮੇਰਾ ਆਤਮਾ ਉਸ ਪਤੀ ਦੇ ਪਿਆਰ ਵਿਚ ਰੰਗਿਆ ਗਿਆ ਹੈ ॥੧॥
21799	482	ਗਾਉ ਗਾਉ ਰੀ ਦੁਲਹਨੀ ਮੰਗਲਚਾਰਾ॥	(ਮੰਗਲਚਾਰਾ)ਖ਼ੁਸ਼ੀ ਦੇ ਗੀਤ। ਦੁਲ-ਹਨੀ:ਪੋਲਾ ਬੋਲੋ	Gaao Gaao Ree Dhulehanee Mangalachaaraa ||	Sing, sing, O brides of the Lord, the marriage songs of the Lord.	ਹੇ ਨਵੀਓਂ ਵਹੁਟੀਓ! (ਪ੍ਰਭੂ-ਪ੍ਰੀਤ ਵਿਚ ਰੰਗੇ ਹੋਏ ਗਿਆਨ-ਇੰਦ੍ਰਿਓ!) ਤੁਸੀ ਮੁੜ ਮੁੜ ਸੁਹਾਗ ਦੇ ਗੀਤ ਗਾਓ,
21800	482	ਮੇਰੇ ਗ੍ਰਿਹ ਆਏ ਰਾਜਾਰਾਮ ਭਤਾਰਾ॥੧॥ਰਹਾਉ॥		Maerae Grih Aaeae Raajaa Raam Bhathaaraa ||1|| Rehaao ||	The Lord, my King, has come to my house as my Husband. ||1||Pause||	(ਕਿਉਂਕਿ) ਮੇਰੇ (ਹਿਰਦੇ-) ਘਰ ਵਿਚ ਮੇਰਾ ਪਤੀ (ਜਗਤ ਦਾ) ਮਾਲਕ-ਪਰਮਾਤਮਾ ਆਇਆ ਹੈ ॥੧॥ ਰਹਾਉ ॥
21801	482	ਨਾਭਿ ਕਮਲ ਮਹਿ ਬੇਦੀ ਰਚਿ ਲੇ ਬ੍ਰਹਮਗਿਆਨ ਉਚਾਰਾ॥		Naabh Kamal Mehi Baedhee Rach Lae Breham Giaan Ouchaaraa ||	Within the lotus of my heart, I have made my bridal pavilion, and I have spoken the wisdom of God.	ਸੁਆਸ ਸੁਆਸ ਉਸ ਦੀ ਯਾਦ ਵਿਚ ਗੁਜ਼ਾਰਨ ਨੂੰ ਮੈਂ (ਵਿਆਹ ਲਈ) ਵੇਦੀ ਬਣਾ ਲਿਆ ਹੈ, ਸਤਿਗੁਰੂ ਦਾ ਸ਼ਬਦ ਜੋ ਪ੍ਰਭੂ-ਪਤੀ ਨਾਲ ਜਾਣ-ਪਛਾਣ ਕਰਾਉਂਦਾ ਹੈ (ਵਿਆਹ ਦਾ ਮੰਤ੍ਰ) ਉਚਾਰਿਆ ਜਾ ਰਿਹਾ ਹੈ।

21802	482	ਰਾਮਰਾਇ ਸੋ ਦੂਲਹੁ ਪਾਇਓ ਅਸ ਬਡਭਾਗ ਹਮਾਰਾ॥੨॥	ਦੂ-ਲੱਹੁ	Raam Raae So Dhoolahu Paaeiou As Baddabhaag Hamaaraa ||2||	I have obtained the Lord King as my Husband - such is my great good fortune. ||2||	ਮੇਰੇ ਅਜੇਹੇ ਭਾਗ ਜਾਗੇ ਹਨ ਕਿ ਮੈਨੂੰ ਜਗਤ ਦੇ ਮਾਲਕ-ਪਰਮਾਤਮਾ ਵਰਗਾ ਲਾੜਾ ਮਿਲ ਗਿਆ ਹੈ ॥੨॥
21803	482	ਸੁਰਿ ਨਰ ਮੁਨਿ ਜਨ ਕਉਤਕ ਆਏ ਕੋਟਿ ਤੇਤੀਸ ਉਜਾਨਾਂ॥	(ਉਜਾਨਾਂ)ਵਿਮਾਨਾਂ ਤੇ ਚੜ੍ਹੇ। (੨. ਤੇਤੀਸਉ ਜਾਨਾਂ)	Sur Nar Mun Jan Kouthak Aaeae Kott Thaethees Oujaanaan ||	The angles, holy men, silent sages, and the 330,000,000 deities have come in their heavenly chariots to see this spectacle.	ਪ੍ਰਭੂ-ਚਰਨਾਂ ਵਿਚ ਉਡਾਰੀਆਂ ਲਾਣ ਵਾਲੇ ਮੇਰੇ ਸਤਸੰਗੀ ਮੇਰੇ ਵਿਆਹ ਦੀ ਮਰਯਾਦਾ ਕਰਨ ਆਏ ਹਨ।
21804	482	ਕਹਿ ਕਬੀਰ ਮੋਹਿ ਬਿਆਹਿ ਚਲੇ ਹੈ ਪੁਰਖ ਏਕ ਭਗਵਾਨਾ॥੩॥੨॥੨੪॥		Kehi Kabeer Mohi Biaahi Chalae Hai Purakh Eaek Bhagavaanaa ||3||2||24||	Says Kabeer, I have been taken in marriage by the One Supreme Being, the Lord God. ||3||2||24||	ਕਬੀਰ ਆਖਦਾ ਹੈ-ਮੈਨੂੰ ਹੁਣ ਇਕ ਪਰਮਾਤਮਾ ਪਤੀ ਵਿਆਹ ਕੇ ਲੈ ਚੱਲਿਆ ਹੈ ॥੩॥੨॥੨੪॥
21805	482	ਆਸਾ॥		Aasaa ||	Aasaa:	

21806	482	ਸਾਸੁ ਕੀ ਦੁਖੀ ਸਸੁਰ ਕੀ ਪਿਆਰੀ ਜੇਠ ਕੇ ਨਾਮਿ ਡਰਉ ਰੇ॥		Saas Kee Dhukhee Sasur Kee Piaaree Jaeth Kae Naam Ddaro Rae ||	I am bothered by my mother-in-law, Maya, and loved by my father-in-law, the Lord. I fear even the name of my husband's elder brother, Death.	ਹੇ ਵੀਰ! ਮੈਂ ਮਾਇਆ ਦੇ ਹੱਥੋਂ ਦੁੱਖੀ ਹਾਂ, ਫਿਰ ਭੀ ਸਰੀਰ ਨਾਲ ਪਿਆਰ (ਦੇਹ-ਅੱਧਿਆਸ) ਹੋਣ ਕਰਕੇ, ਮੈਨੂੰ ਜੇਠ ਦੇ ਨਾਮ ਤੋਂ ਹੀ ਡਰ ਲੱਗਦਾ ਹੈ (ਭਾਵ, ਮੇਰਾ ਮਰਨ ਨੂੰ ਚਿੱਤ ਨਹੀਂ ਕਰਦਾ)।
21807	482	ਸਖੀ ਸਹੇਲੀ ਨਨਦ ਗਹੇਲੀ ਦੇਵਰ ਕੈ ਬਿਰਹਿ ਜਰਉ ਰੇ॥੧॥	(ਬਿਰਹਿ) ਵਿਛੋੜੇ	Sakhee Sehaelee Nanadh Gehaelee Dhaevar Kai Birehi Jaro Rae ||1||	O my mates and companions, my husband's sister, misunderstanding has seized me, and I am burning with the pain of separation from my husband's younger brother, divine knowledge. ||1||	ਹੇ ਸਖੀ ਸਹੇਲੀਓ! ਮੈਨੂੰ ਇੰਦ੍ਰੀਆਂ ਨੇ ਆਪਣੇ ਵੱਸ ਵਿਚ ਕਰ ਰੱਖਿਆ ਹੈ, ਮੈਂ ਦਿਉਰ ਦੇ ਵਿਛੋੜੇ ਵਿਚ (ਭਾਵ, ਵਿਚਾਰ ਤੋਂ ਸੱਖਣੀ ਹੋਣ ਕਰਕੇ ਅੰਦਰੇ-ਅੰਦਰ) ਸੜ ਰਹੀ ਹਾਂ ॥੧॥
21808	482	ਮੇਰੀ ਮਤਿ ਬਉਰੀ ਮੈ ਰਾਮੁ ਬਿਸਾਰਿਓ ਕਿਨ ਬਿਧਿ ਰਹਨਿ ਰਹਉ ਰੇ॥		Maeree Math Bouree Mai Raam Bisaariou Kin Bidhh Rehan Reho Rae ||	My mind has gone insane, since I forgot the Lord. How can I lead a virtuous lifestyle?	ਮੇਰੀ ਅਕਲ ਮਾਰੀ ਗਈ ਹੈ, ਮੈਂ ਪਰਮਾਤਮਾ ਨੂੰ ਭੁਲਾ ਦਿੱਤਾ ਹੈ। ਹੇ ਵੀਰ! ਹੁਣ (ਇਸ ਹਾਲਤ ਵਿਚ) ਕਿਵੇਂ ਉਮਰ ਗੁਜ਼ਾਰਾਂ?

21809	482	ਸੇਜੈ ਰਮਤੁ ਨੈਨ ਨਹੀ ਪੇਖਉ ਇਹੁ ਦੁਖੁ ਕਾ ਸਉ ਕਹਉ ਰੇ॥੧॥ਰਹਾਉ॥	ਬੁੱਧੀ ਰੂਪ ਸੇਜ ਤੇ ਆ ਕੇ, (ਰਮਤੁ) ਏਕਤਾ ਅਭੇਤਾ ਰੂਪ ਅਨੰਦ ਨਹੀ ਬਖ਼ਸ਼ਦੇ, ਨੇਤ੍ਰਾਂ ਨਾਲ ਦੇਖਦੀ ਭੀ ਨਹੀ	Saejai Ramath Nain Nehee Paekho Eihu Dhukh Kaa So Keho Rae ||1|| Rehaao ||	He rests in the bed of my mind, but I cannot see Him with my eyes. Unto whom should I tell my sufferings? ||1||Pause||	ਹੇ ਵੀਰ! ਇਹ ਦੁੱਖ ਮੈਂ ਕਿਸ ਨੂੰ ਸੁਣਾਵਾਂ ਕਿ ਉਹ ਪ੍ਰਭੂ ਮੇਰੀ ਹਿਰਦੇ-ਸੇਜ ਉੱਤੇ ਵੱਸਦਾ ਹੈ, ਪਰ ਮੈਨੂੰ ਅੱਖੀਂ ਨਹੀਂ ਦਿੱਸਦਾ ॥੧॥ ਰਹਾਉ ॥
21810	482	ਬਾਪੁ ਸਾਵਕਾ ਕਰੈ ਲਰਾਈ ਮਾਇਆ ਸਦ ਮਤਵਾਰੀ॥	(ਸਾਵਕਾ)ਸਕਾ। (ਮੱਤਵਾਰੀ)ਸ਼ੁਦੈਣ	Baap Saavakaa Karai Laraaee Maaeiaa Sadh Mathavaaree ||	My step-father, egotism, fights with me, and my mother, desire, is always intoxicated.	ਮੇਰੇ ਨਾਲ ਜੰਮਿਆ ਇਹ ਸਰੀਰ ਸਦਾ ਮੇਰੇ ਨਾਲ ਲੜਾਈ ਕਰਦਾ ਹੈ (ਭਾਵ, ਸਦਾ ਖਾਣ ਨੂੰ ਮੰਗਦਾ ਹੈ), ਮਾਇਆ ਨੇ ਮੈਨੂੰ ਝੱਲੀ ਕਰ ਰੱਖਿਆ ਹੈ।
21811	482	ਬਡੇ ਭਾਈ ਕੈ ਜਬ ਸੰਗਿ ਹੋਤੀ ਤਬ ਹਉ ਨਾਹ ਪਿਆਰੀ॥੨॥	(ਨਾਹ) ਪਤੀ	Baddae Bhaaee Kai Jab Sang Hothee Thab Ho Naah Piaaree ||2||	When I stayed with my elder brother, meditation, then I was loved by my Husband Lord. ||2||	ਜਦੋਂ (ਮਾਂ ਦੇ ਪੇਟ ਵਿਚ) ਮੈਂ ਵੱਡੇ ਵੀਰ (ਗਿਆਨ) ਦੇ ਨਾਲ ਸਾਂ ਤਦੋਂ (ਸਿਮਰਨ ਕਰਦੀ ਸਾਂ ਤੇ) ਪਤੀ ਨੂੰ ਪਿਆਰੀ ਸਾਂ ॥੨॥
21812	482	ਕਹਤ ਕਬੀਰ ਪੰਚ ਕੋ ਝਗਰਾ ਝਗਰਤ ਜਨਮੁ ਗਵਾਇਆ॥		Kehath Kabeer Panch Ko Jhagaraa Jhagarath Janam Gavaaeiaa ||	Says Kabeer, the five passions argue with me, and in these arguments, my life is wasting away.	ਕਬੀਰ ਆਖਦਾ ਹੈ-(ਬੱਸ! ਇਸੇ ਤਰ੍ਹਾਂ) ਸਭ ਜੀਵਾਂ ਨੂੰ ਪੰਜ ਕਾਮਾਦਿਕਾਂ ਨਾਲ ਵਾਸਤਾ ਪਿਆ ਹੋਇਆ ਹੈ।

21813	482	ਝੂਠੀ ਮਾਇਆ ਸਭੁ ਜਗੁ ਬਾਧਿਆ ਮੈ ਰਾਮ ਰਮਤ ਸੁਖੁ ਪਾਇਆ॥੩॥੩॥੨੫॥	(ਰਮਤ) ਸਿਮਰਦਿਆਂ	Jhoothee Maaeiaa Sabh Jag Baadhhiaa Mai Raam Ramath Sukh Paaeiaa ||3||3||25||	The false Maya has bound the whole world, but I have obtained peace, chanting the Name of the Lord. ||3||3||25||	ਸਾਰਾ ਜਗਤ ਇਹਨਾਂ ਨਾਲ ਖਹਿੰਦਿਆਂ ਹੀ ਉਮਰ ਅਜਾਈਂ ਗਵਾ ਰਿਹਾ ਹੈ; ਠਗਣੀ ਮਾਇਆ ਨਾਲ ਬੱਝਾ ਪਿਆ ਹੈ। ਪਰ ਮੈਂ ਪ੍ਰਭੂ ਨੂੰ ਸਿਮਰ ਕੇ ਸੁਖ ਪਾ ਲਿਆ ਹੈ ॥੩॥੩॥੨੫॥
21814	482	ਆਸਾ॥		Aasaa ||	Aasaa:	
21815	482	ਹਮ ਘਰਿ ਸੂਤੁ ਤਨਹਿ ਨਿਤ ਤਾਨਾ ਕੰਠਿ ਜਨੇਊ ਤੁਮਾਰੇ॥		Ham Ghar Sooth Thanehi Nith Thaanaa Kanth Janaeoo Thumaarae ||	In my house, I constantly weave the thread, while you wear the thread around your neck, O Brahmin.	(ਹੇ ਝੱਲੇ ਬ੍ਰਾਹਮਣ! ਜੇ ਤੈਨੂੰ ਇਸ ਕਰਕੇ ਆਪਣੀ ਉੱਚੀ ਜਾਤ ਦਾ ਮਾਣ ਹੈ ਕਿ) ਤੇਰੇ ਗਲ ਵਿਚ ਜਨੇਊ ਹੈ (ਜੋ ਸਾਡੇ ਗਲ ਨਹੀਂ ਹੈ, ਤਾਂ ਵੇਖ, ਉਹੋ ਜਿਹਾ ਹੀ) ਸਾਡੇ ਘਰ (ਬਥੇਰਾ) ਸੂਤਰ ਹੈ (ਜਿਸ ਨਾਲ) ਅਸੀਂ ਨਿੱਤ ਤਾਣਾ ਤਣਦੇ ਹਾਂ।
21816	482	ਤੁਮ੍ ਤਉ ਬੇਦ ਪੜਹੁ ਗਾਇਤ੍ਰੀ ਗੋਬਿੰਦੁ ਰਿਦੈ ਹਮਾਰੇ॥੧॥	ਪੜ੍ਹਹੁ	Thumh Tho Baedh Parrahu Gaaeithree Gobindh Ridhai Hamaarae ||1||	You read the Vedas and sacred hymns, while I have enshrined the Lord of the Universe in my heart. ||1||	(ਤੇਰਾ ਵੇਦ ਆਦਿਕ ਪੜ੍ਹਨ ਦਾ ਮਾਣ ਭੀ ਕੂੜਾ, ਕਿਉਂਕਿ) ਤੁਸੀ ਤਾਂ ਵੇਦ ਤੇ ਗਾਇਤ੍ਰੀ-ਮੰਤ੍ਰ ਨਿਰੇ ਜੀਭ ਨਾਲ ਹੀ ਉਚਾਰਦੇ ਹੋ, ਪਰ ਪਰਮਾਤਮਾ ਮੇਰੇ ਹਿਰਦੇ ਵਿਚ ਵੱਸਦਾ ਹੈ ॥੧॥

21817	482	ਮੇਰੀ ਜਿਹਬਾ ਬਿਸਨੁ ਨੈਨ ਨਾਰਾਇਨ ਹਿਰਦੈ ਬਸਹਿ ਗੋਬਿੰਦਾ॥		Maeree Jihabaa Bisan Nain Naaraaein Hiradhai Basehi Gobindhaa ||	Upon my tongue, within my eyes, and within my heart, abides the Lord, the Lord of the Universe.	ਹੇ ਕਮਲੇ ਬ੍ਰਾਹਮਣ! ਪ੍ਰਭੂ ਜੀ ਮੇਰੀ ਤਾਂ ਜੀਭ ਉੱਤੇ, ਮੇਰੀਆਂ ਅੱਖਾਂ ਵਿਚ ਤੇ ਮੇਰੇ ਦਿਲ ਵਿਚ ਵੱਸਦੇ ਹਨ।
21818	482	ਜਮ ਦੁਆਰ ਜਬ ਪੂਛਸਿ ਬਵਰੇ ਤਬ ਕਿਆ ਕਹਸਿ ਮੁਕੰਦਾ॥੧॥ਰਹਾਉ॥	(ਮੁਕੰਦਾ) ਹਰਿ ਜੀ ਨੂੰ	Jam Dhuaar Jab Pooshhas Bavarae Thab Kiaa Kehas Mukandhaa ||1|| Rehaao ||	When you are interrogated at Death's door, O mad-man, what will you say then? ||1||Pause||	ਪਰ ਤੈਨੂੰ ਜਦੋਂ ਧਰਮਰਾਜ ਦੀ ਹਜ਼ੂਰੀ ਵਿਚ ਪ੍ਰਭੂ ਵਲੋਂ ਪੁੱਛ ਹੋਵੇਗੀ ਤਾਂ ਕੀਹ ਉੱਤਰ ਦੇਵੇਂਗਾ (ਕਿ ਕੀਹ ਕਰਦਾ ਰਿਹਾ ਇੱਥੇ ਸਾਰੀ ਉਮਰ)? ॥੧॥ ਰਹਾਉ ॥
21819	482	ਹਮ ਗੋਰੂ ਤੁਮ ਗੁਆਰ ਗੁਸਾਈ ਜਨਮ ਜਨਮ ਰਖਵਾਰੇ॥	(ਗੋਰੂ) ਗਊਆਂ। (ਗੁਆਰ) ਗੁਆਲਾ। (ਗੁਸਾਈ) ਮਾਲਕ	Ham Goroo Thum Guaar Gusaaee Janam Janam Rakhavaarae ||	I am a cow, and You are the herdsman, the Sustainer of the World. You are my Saving Grace, lifetime after lifetime.	ਕਈ ਜਨਮਾਂ ਤੋਂ ਤੁਸੀ ਲੋਕ ਸਾਡੇ ਰਾਖੇ ਬਣੇ ਆ ਰਹੇ ਹੋ, ਅਸੀਂ ਤੁਹਾਡੀਆਂ ਗਾਈਆਂ ਬਣੇ ਰਹੇ, ਤੁਸੀ ਸਾਡੇ ਖਸਮ ਗੁਆਲੇ ਬਣੇ ਰਹੇ।
21820	482	ਕਬਹੂੰ ਨ ਪਾਰਿ ਉਤਾਰਿ ਚਰਾਇਹੁ ਕੈਸੇ ਖਸਮ ਹਮਾਰੇ॥੨॥	ਚਰ੍ਾਇਹੁ	Kabehoon N Paar Outhaar Charaaeihu Kaisae Khasam Hamaarae ||2||	You have never taken me across to graze there - what sort of a herdsman are You? ||2||	ਪਰ ਤੁਸੀਂ ਹੁਣ ਤਕ ਨਕਾਰੇ ਹੀ ਸਾਬਤ ਹੋਏ, ਤੁਸਾਂ ਕਦੇ ਭੀ ਸਾਨੂੰ (ਨਦੀਓਂ) ਪਾਰ ਲੰਘਾ ਕੇ ਨਾਹ ਚਾਰਿਆ (ਭਾਵ, ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਵਾਲੀ ਕੋਈ ਮੱਤ ਨਾਹ ਦਿੱਤੀ) ॥੨॥

21821	482	ਤੂੰ ਬਾਮ੍ਹਨੁ ਮੈ ਕਾਸੀਕ ਜੁਲਹਾ ਬੂਝਹੁ ਮੋਰ ਗਿਆਨਾ॥	(ਕਾਸੀਕ) ਕਾਂਸ਼ੀ ਦਾ। (ਜੁਲਹਾ) ਜੁਲਾਹਾ	Thoon Baamhan Mai Kaaseek Julehaa Boojhahu Mor Giaanaa ||	You are a Brahmin, and I am a weaver of Benares; can You understand my wisdom?	(ਇਹ ਠੀਕ ਹੈ ਕਿ) ਤੂੰ ਕਾਂਸ਼ੀ ਦਾ ਬ੍ਰਾਹਮਣ ਹੈਂ (ਭਾਵ, ਤੈਨੂੰ ਮਾਣ ਹੈ ਆਪਣੀ ਵਿੱਦਿਆ ਦਾ, ਜੋ ਤੂੰ ਕਾਂਸ਼ੀ ਵਿਚ ਹਾਸਲ ਕੀਤੀ), ਤੇ ਮੈਂ (ਜਾਤ ਦਾ) ਜੁਲਾਹ ਹਾਂ (ਜਿਸ ਨੂੰ ਤੁਹਾਡੀ ਵਿੱਦਿਆ ਪੜ੍ਹਨ ਦਾ ਹੱਕ ਨਹੀਂ ਹੈ)।
21822	482	ਤੁਮ੍ ਤਉ ਜਾਚੇ ਭੂਪਤਿ ਰਾਜੇ ਹਰਿ ਸਉ ਮੋਰ ਧਿਆਨਾ॥੩॥੪॥੨੬॥	(ਜਾਚੇ) ਮੰਗਦੇ। (ਭੂਪਤਿ) ਰਾਜਾ	Thumh Tho Jaachae Bhoopath Raajae Har So Mor Dhhiaanaa ||3||4||26||	You beg from emperors and kings, while I meditate on the Lord. ||3||4||26||	ਪਰ, ਮੇਰੀ ਵਿਚਾਰ ਦੀ ਇਕ ਗੱਲ ਸੋਚ (ਕਿ ਵਿੱਦਿਆ ਪੜ੍ਹ ਕੇ ਤੁਸੀ ਆਖ਼ਰ ਕਰਦੇ ਕੀਹ ਹੋ), ਤੁਸੀ ਤਾਂ ਰਾਜੇ ਰਾਣਿਆਂ ਦੇ ਦਰ ਤੇ ਮੰਗਦੇ ਫਿਰਦੇ ਹੋ, ਤੇ ਮੇਰੀ ਸੁਰਤਿ ਪ੍ਰਭੂ ਨਾਲ ਜੁੜੀ ਹੋਈ ਹੈ ॥੩॥੪॥੨੬॥
21823	482	ਆਸਾ॥		Aasaa ||	Aasaa:	
21824	482	ਜਗਿ ਜੀਵਨੁ ਐਸਾ ਸੁਪਨੇ ਜੈਸਾ ਜੀਵਨੁ ਸੁਪਨ ਸਮਾਨੰ॥	ਜੱਗਿ	Jag Jeevan Aisaa Supanae Jaisaa Jeevan Supan Samaanan ||	The life of the world is only a dream; life is just a dream.	ਜਗਤ ਵਿਚ (ਮਨੁੱਖ ਦੀ) ਜ਼ਿੰਦਗੀ ਅਜਿਹੀ ਹੀ ਹੈ ਜਿਹਾ ਸੁਪਨਾ ਹੈ, ਜ਼ਿੰਦਗੀ ਸੁਪਨੇ ਵਰਗੀ ਹੀ ਹੈ।
21825	482	ਸਾਚੁ ਕਰਿ ਹਮ ਗਾਠਿ ਦੀਨੀ ਛੋਡਿ ਪਰਮ ਨਿਧਾਨੰ॥੧॥	(ਪਰਮ) ਸ੍ਰੇਸ਼ਟ (ਨਿਧਾਨੰ) ਖਜ਼ਾਨੇ	Saach Kar Ham Gaath Dheenee Shhodd Param Nidhhaanan ||1||	Believing it to be true, I grasped at it, and abandoned the supreme treasure. ||1||	ਪਰ ਅਸਾਂ ਸਭ ਤੋਂ ਉੱਚੇ (ਸੁਖਾਂ ਦੇ) ਖ਼ਜ਼ਾਨੇ-ਪ੍ਰਭੂ ਨੂੰ ਛੱਡ ਕੇ, (ਇਸ ਸੁਪਨ-ਸਮਾਨ ਜੀਵਨ ਨੂੰ) ਸਦਾ ਕਾਇਮ ਰਹਿਣ ਵਾਲਾ ਜਾਣ ਕੇ ਇਸ ਨੂੰ ਗੰਢ ਦੇ ਰੱਖੀ ਹੈ ॥੧॥

21826	482	ਬਾਬਾ ਮਾਇਆ ਮੋਹ ਹਿਤੁ ਕੀਨ੍॥	(ਹਿਤੁ) ਪ੍ਰੇਮ	Baabaa Maaeiaa Moh Hith Keenh ||	O Father, I have enshrined love and affection for Maya,	ਹੇ ਬਾਬਾ! ਅਸਾਂ ਮਾਇਆ ਨਾਲ ਮੋਹ-ਪਿਆਰ ਪਾਇਆ ਹੋਇਆ ਹੈ,
21827	482	ਜਿਨਿ ਗਿਆਨੁ ਰਤਨੁ ਹਿਰਿ ਲੀਨ੍॥੧॥ਰਹਾਉ॥	(ਹਿਰਿ) ਚੁਰਾ	Jin Giaan Rathan Hir Leenh ||1|| Rehaao ||	Which has taken the jewel of spiritual wisdom away from me. ||1||Pause||	ਜਿਸ ਨੇ ਸਾਡਾ ਗਿਆਨ-ਰੂਪ ਹੀਰਾ ਚੁਰਾ ਲਿਆ ਹੈ ॥੧॥ ਰਹਾਉ ॥
21828	482	ਨੈਨ ਦੇਖਿ ਪਤੰਗੁ ਉਰਝੈ ਪਸੁ ਨ ਦੇਖੈ ਆਗਿ॥	(ਪਤੰਗੁ) ਪਤੰਗਾ। (ਉਰਝੈ) ਫਸਦਾ	Nain Dhaekh Pathang Ourajhai Pas N Dhaekhai Aag ||	The moth sees with its eyes, but it still becomes entangled; the insect does not see the fire.	ਭੰਬਟ ਅੱਖਾਂ ਨਾਲ (ਦੀਵੇ ਦੀ ਲਾਟ ਦਾ ਰੂਪ) ਵੇਖ ਕੇ ਭੁੱਲ ਜਾਂਦਾ ਹੈ, ਮੂਰਖ ਅੱਗ ਨੂੰ ਨਹੀਂ ਵੇਖਦਾ।
21829	482	ਕਾਲ ਫਾਸ ਨ ਮੁਗਧੁ ਚੇਤੈ ਕਨਿਕ ਕਾਮਿਨਿ ਲਾਗਿ॥੨॥	(ਮੁਗਧੁ) ਮੂਰਖ। (ਕਨਿਕ) ਸੋਨਾ। (ਕਾਮਿਨਿ) ਇਸਤ੍ਰੀ	Kaal Faas N Mugadhh Chaethai Kanik Kaamin Laag ||2||	Attached to gold and woman, the fool does not think of the noose of Death. ||2||	(ਤਿਵੇਂ ਹੀ) ਮੂਰਖ ਜੀਵ ਸੋਨੇ ਤੇ ਇਸਤ੍ਰੀ (ਦੇ ਮੋਹ) ਵਿਚ ਫਸ ਕੇ ਮੌਤ ਦੀ ਫਾਹੀ ਨੂੰ ਚੇਤੇ ਨਹੀਂ ਰੱਖਦਾ ॥੨॥
21830	482	ਕਰਿ ਬਿਚਾਰੁ ਬਿਕਾਰ ਪਰਹਰਿ ਤਰਨ ਤਾਰਨ ਸੋਇ॥	(ਪਰਹਰਿ) ਤਿਆਗ	Kar Bichaar Bikaar Parehar Tharan Thaaran Soe ||	Reflect upon this, and abandon sin; the Lord is a boat to carry you across.	(ਤੂੰ ਵਿਕਾਰ ਛੱਡ ਦੇਹ ਅਤੇ ਪ੍ਰਭੂ ਨੂੰ ਚੇਤੇ ਕਰ, ਉਹੀ (ਇਸ ਸੰਸਾਰ-ਸਮੁੰਦਰ ਵਿਚੋਂ) ਤਾਰਨ ਲਈ ਜਹਾਜ਼ ਹੈ,

21831	482	ਕਹਿ ਕਬੀਰ ਜਗਜੀਵਨੁ ਐਸਾ ਦੁਤੀਅ ਨਾਹੀ ਕੋਇ॥੩॥੫॥੨੭॥	(ਦੁਤੀਅ) ਦੂਜਾ। ਜੱਗਜੀਵਨੁ	Kehi Kabeer Jagajeevan Aisaa Dhutheea Naahee Koe ||3||5||27||	Says Kabeer, such is the Lord, the Life of the World; there is no one equal to Him. ||3||5||27||	ਅਤੇ ਕਬੀਰ ਆਖਦਾ ਹੈ, ਉਹ (ਸਾਡੇ) ਜੀਵਨ ਦਾ ਆਸਰਾ-ਪ੍ਰਭੂ ਐਸਾ ਹੈ ਕਿ ਕੋਈ ਹੋਰ ਉਸ ਵਰਗਾ ਨਹੀਂ ਹੈ ॥੩॥੫॥੨੭॥
21832	482	ਆਸਾ॥		Aasaa ||	Aasaa:	
21833	483	ਜਉ ਮੈ ਰੂਪ ਕੀਏ ਬਹੁਤੇਰੇ ਅਬ ਫੁਨਿ ਰੂਪੁ ਨ ਹੋਈ॥		Jo Mai Roop Keeeae Bahuthaerae Ab Fun Roop N Hoee ||	In the past, I have taken many forms, but I shall not take form again.	(ਮਾਇਆ ਦੇ ਮੋਹ ਵਿਚ ਫਸ ਕੇ) ਮੈਂ ਜਿਹੜੇ ਕਈ ਜਨਮਾਂ ਵਿਚ ਫਿਰਦਾ ਰਿਹਾ, ਹੁਣ ਉਹ ਜਨਮ-ਮਰਨ ਦਾ ਗੇੜ ਮੁੱਕ ਗਿਆ ਹੈ,
21834	483	ਤਾਗਾ ਤੰਤੁ ਸਾਜੁ ਸਭੁ ਥਾਕਾ ਰਾਮ ਨਾਮ ਬਸਿ ਹੋਈ॥੧॥	ਬੱਸਿ	Thaagaa Thanth Saaj Sabh Thhaakaa Raam Naam Bas Hoee ||1||	The strings and wires of the musical instrument are worn out, and I am in the power of the Lord's Name. ||1||	ਮੇਰੇ ਮਨ ਦਾ ਮੋਹ ਦਾ ਧਾਗਾ, ਮੋਹ ਦੀ ਤਾਰ ਅਤੇ ਮੋਹ ਦੇ ਸਾਰੇ ਅਡੰਬਰ ਸਭ ਮੁੱਕ ਗਏ ਹਨ; ਹੁਣ ਮੇਰਾ ਮਨ ਪਰਮਾਤਮਾ ਦੇ ਨਾਮ ਦੇ ਵੱਸ ਵਿਚ ਹੋ ਗਿਆ ਹੈ ॥੧॥
21835	483	ਅਬ ਮੋਹਿ ਨਾਚਨੋ ਨ ਆਵੈ॥		Ab Mohi Naachano N Aavai ||	Now, I no longer dance to the tune.	(ਪਰਮਾਤਮਾ ਦੀ ਕਿਰਪਾ ਨਾਲ) ਹੁਣ ਮੈਂ (ਮਾਇਆ ਦੇ ਹੱਥਾਂ ਤੇ) ਨੱਚਣੋਂ ਹਟ ਗਿਆ ਹਾਂ,

21836	483	ਮੇਰਾ ਮਨੁ ਮੰਦਰੀਆ ਨ ਬਜਾਵੈ॥੧॥ਰਹਾਉ॥	(ਮੰਦਰੀਆ) ਢੋਲਕੀ	Maeraa Man Mandhareeaa N Bajaavai ||1|| Rehaao ||	My mind no longer beats the drum. ||1||Pause||	ਹੁਣ ਮੇਰਾ ਮਨ ਇਹ (ਮਾਇਆ ਦੇ ਮੋਹ ਦੀ) ਢੋਲਕੀ ਨਹੀਂ ਵਜਾਉਂਦਾ ॥੧॥ ਰਹਾਉ ॥
21837	483	ਕਾਮੁ ਕ੍ਰੋਧੁ ਮਾਇਆ ਲੈ ਜਾਰੀ ਤ੍ਰਿਸਨਾ ਗਾਗਰਿ ਫੂਟੀ॥		Kaam Krodhh Maaeiaa Lai Jaaree Thrisanaa Gaagar Foottee ||	I have burnt away sexual desire, anger and attachment to Maya, and the pitcher of my desires has burst.	(ਪ੍ਰਭੂ ਦੀ ਕਿਰਪਾ ਨਾਲ) ਮੈਂ ਕਾਮ ਕ੍ਰੋਧ ਤੇ ਮਾਇਆ ਦੇ ਪ੍ਰਭਾਵ ਨੂੰ ਸਾੜ ਦਿੱਤਾ ਹੈ, (ਮੇਰੇ ਅੰਦਰੋਂ) ਤ੍ਰਿਸ਼ਨਾ ਦੀ ਮਟਕੀ ਟੁੱਟ ਗਈ ਹੈ,
21838	483	ਕਾਮ ਚੋਲਨਾ ਭਇਆ ਹੈ ਪੁਰਾਨਾ ਗਇਆ ਭਰਮੁ ਸਭੁ ਛੂਟੀ॥੨॥		Kaam Cholanaa Bhaeiaa Hai Puraanaa Gaeiaa Bharam Sabh Shhoottee ||2||	The gown of sensuous pleasures is worn out, and all my doubts have been dispelled. ||2||	ਮੇਰਾ ਕਾਮ ਦਾ ਕੋਝਾ ਚੋਲਾ ਹੁਣ ਪੁਰਾਣਾ ਹੋ ਗਿਆ ਹੈ, ਭਟਕਣਾ ਮੁੱਕ ਗਈ ਹੈ। (ਮੁੱਕਦੀ ਗੱਲ), ਸਾਰੀ (ਮਾਇਆ ਦੀ ਖੇਡ ਹੀ) ਖ਼ਤਮ ਹੋ ਗਈ ਹੈ ॥੨॥
21839	483	ਸਰਬ ਭੂਤ ਏਕੈ ਕਰਿ ਜਾਨਿਆ ਚੂਕੇ ਬਾਦ ਬਿਬਾਦਾ॥		Sarab Bhooth Eaekai Kar Jaaniaa Chookae Baadh Bibaadhaa ||	I look upon all beings alike, and my conflict and strife are ended.	ਮੈਂ ਸਾਰੇ ਜੀਵਾਂ ਵਿਚ ਹੁਣ ਇੱਕ ਪਰਮਾਤਮਾ ਨੂੰ ਵੱਸਦਾ ਸਮਝ ਲਿਆ ਹੈ, ਇਸ ਵਾਸਤੇ ਮੇਰੇ ਸਾਰੇ ਵੈਰ-ਵਿਰੋਧ ਮੁੱਕ ਗਏ ਹਨ।

21840	483	ਕਹਿ ਕਬੀਰ ਮੈ ਪੂਰਾ ਪਾਇਆ ਭਏ ਰਾਮ ਪਰਸਾਦਾ॥੩॥੬॥੨੮॥		Kehi Kabeer Mai Pooraa Paaeiaa Bheae Raam Parasaadhaa ||3||6||28||	Says Kabeer, when the Lord showed His Favor, I obtained Him, the Perfect One. ||3||6||28||	ਕਬੀਰ ਆਖਦਾ ਹੈ-ਮੇਰੇ ਉੱਤੇ ਪਰਮਾਤਮਾ ਦੀ ਕਿਰਪਾ ਹੋ ਗਈ ਹੈ, ਮੈਨੂੰ ਪੂਰਾ ਪ੍ਰਭੂ ਮਿਲ ਪਿਆ ਹੈ ॥੩॥੬॥੨੮॥
21841	483	ਆਸਾ॥		Aasaa ||	Aasaa:	
21842	483	ਰੋਜਾ ਧਰੈ ਮਨਾਵੈ ਅਲਹੁ ਸੁਆਦਤਿ ਜੀਅ ਸੰਘਾਰੈ॥	ਰੋਜ਼ਾ।ਅੱਲਹੁ।(ਸੁਆਦਤਿ) ਸੁਆਦ ਲਈ। (ਜੀਅ) ਜੀਵਾਂ ਨੂੰ। (ਸੰਘਾਰੈ) ਮਾਰਦਾ	Rojaa Dhharai Manaavai Alahu Suaadhath Jeea Sanghaarai ||	You keep your fasts to please Allah, while you murder other beings for pleasure.	(ਕਾਜ਼ੀ) ਰੋਜ਼ਾ ਰੱਖਦਾ ਹੈ (ਰੋਜ਼ਿਆਂ ਦੇ ਅਖ਼ੀਰ ਤੇ ਈਦ ਵਾਲੇ ਦਿਨ) ਅੱਲਾ ਦੇ ਨਾਮ ਤੇ ਕੁਰਬਾਨੀ ਦੇਂਦਾ ਹੈ, ਪਰ ਆਪਣੇ ਸੁਆਦ ਦੀ ਖ਼ਾਤਰ (ਇਹ) ਜੀਵ ਮਾਰਦਾ ਹੈ।
21843	483	ਆਪਾ ਦੇਖਿ ਅਵਰ ਨਹੀ ਦੇਖੈ ਕਾਹੇ ਕਉ ਝਖ ਮਾਰੈ॥੧॥	ਝਖ:ਪੋਲਾ ਬੋਲੋ	Aapaa Dhaekh Avar Nehee Dhaekhai Kaahae Ko Jhakh Maarai ||1||	You look after your own interests, and so not see the interests of others. What good is your word? ||1||	ਆਪਣੇ ਹੀ ਸੁਆਰਥ ਨੂੰ ਅੱਖਾਂ ਅੱਗੇ ਰੱਖ ਕੇ ਹੋਰਨਾਂ ਦੀ ਪਰਵਾਹ ਨਹੀਂ ਕਰਦਾ; ਤਾਂ ਤੇ ਇਹ ਸਭ ਉੱਦਮ ਵਿਅਰਥ ਝਖਾਂ ਮਾਰਨ ਵਾਲੀ ਗੱਲ ਹੀ ਹੈ ॥੧॥
21844	483	ਕਾਜੀ ਸਾਹਿਬੁ ਏਕੁ ਤੋਹੀ ਮਹਿ ਤੇਰਾ ਸੋਚਿ ਬਿਚਾਰਿ ਨ ਦੇਖੈ॥		Kaajee Saahib Eaek Thohee Mehi Thaeraa Soch Bichaar N Dhaekhai ||	O Qazi, the One Lord is within you, but you do not behold Him by thought or contemplation.	ਹੇ ਕਾਜ਼ੀ! (ਸਾਰੇ ਜਗਤ ਦਾ) ਮਾਲਕ ਇੱਕ ਰੱਬ ਹੈ, ਉਹ ਤੇਰਾ ਭੀ ਰੱਬ ਹੈ ਤੇ ਤੇਰੇ ਅੰਦਰ ਭੀ ਮੌਜੂਦ ਹੈ, ਪਰ ਤੂੰ ਸੋਚ-ਵਿਚਾਰ ਕੇ ਤੱਕਦਾ ਨਹੀਂ।

21845	483	ਖਬਰਿ ਨ ਕਰਹਿ ਦੀਨ ਕੇ ਬਉਰੇ ਤਾ ਤੇ ਜਨਮੁ ਅਲੇਖੈ॥੧॥ਰਹਾਉ॥		Khabar N Karehi Dheen Kae Bourae Thaa Thae Janam Alaekhai ||1|| Rehaao ||	You do not care for others, you are a religious fanatic, and your life is of no account at all. ||1||Pause||	ਹੇ ਸ਼ਰਹ ਵਿਚ ਕਮਲੇ ਹੋਏ ਕਾਜ਼ੀ! ਤੂੰ (ਇਸ ਭੇਤ ਨੂੰ) ਸਮਝਦਾ ਨਹੀਂ, ਇਸ ਵਾਸਤੇ ਤੇਰੀ ਉਮਰ ਤੇਰਾ ਜੀਵਨ ਅਜਾਈਂ ਜਾ ਰਿਹਾ ਹੈ ॥੧॥ ਰਹਾਉ ॥
21846	483	ਸਾਚੁ ਕਤੇਬ ਬਖਾਨੈ ਅਲਹੁ ਨਾਰਿ ਪੁਰਖੁ ਨਹੀ ਕੋਈ॥	ਅੱਲਹੁ	Saach Kathaeb Bakhaanai Alahu Naar Purakh Nehee Koee ||	Your holy scriptures say that Allah is True, and that he is neither male nor female.	ਹੇ ਕਾਜ਼ੀ! ਤੁਹਾਡੀਆਂ ਆਪਣੀਆਂ ਮਜ਼ਹਬੀ ਕਿਤਾਬਾਂ ਭੀ ਇਹੀ ਆਖਦੀਆਂ ਹਨ ਕਿ ਅੱਲਾਹ ਸਦਾ ਕਾਇਮ ਰਹਿਣ ਵਾਲਾ ਹੈ (ਸਾਰੀ ਦੁਨੀਆ ਅੱਲਾਹ ਦੀ ਪੈਦਾ ਕੀਤੀ ਹੋਈ ਹੈ, ਉਸ ਅੱਲਾਹ ਦੇ (ਨੂਰ ਤੋਂ ਬਿਨਾ) ਕੋਈ ਜ਼ਨਾਨੀ ਮਰਦ ਜੀਊਂਦਾ ਨਹੀਂ ਰਹਿ ਸਕਦਾ,
21847	483	ਪਢੇ ਗੁਨੇ ਨਾਹੀ ਕਛੁ ਬਉਰੇ ਜਉ ਦਿਲ ਮਹਿ ਖਬਰਿ ਨ ਹੋਈ॥੨॥		Padtae Gunae Naahee Kashh Bourae Jo Dhil Mehi Khabar N Hoee ||2||	But you gain nothing by reading and studying, O mad-man, if you do not gain the understanding in your heart. ||2||	ਪਰ ਹੇ ਕਮਲੇ ਕਾਜ਼ੀ! ਜੇ ਤੇਰੇ ਦਿਲ ਵਿਚ ਇਹ ਸੂਝ ਨਹੀਂ ਪਈ ਤਾਂ (ਮਜ਼ਹਬੀ ਕਿਤਾਬਾਂ ਨੂੰ ਨਿਰਾ) ਪੜ੍ਹਨ ਤੇ ਵਿਚਾਰਨ ਦਾ ਕੋਈ ਲਾਭ ਨਹੀਂ ॥੨॥

21848	483	ਅਲਹੁ ਗੈਬੁ ਸਗਲ ਘਟ ਭੀਤਰਿ ਹਿਰਦੈ ਲੇਹੁ ਬਿਚਾਰੀ॥	(ਗੈਬੁ) ਛੁਪੇ ਹੋਏ। ਅੱਲਹੁ	Alahu Gaib Sagal Ghatt Bheethar Hiradhai Laehu Bichaaree ||	Allah is hidden in every heart; reflect upon this in your mind.	ਹੇ ਕਾਜ਼ੀ! ਰੱਬ ਸਾਰੇ ਸਰੀਰਾਂ ਵਿਚ ਲੁਕਿਆ ਬੈਠਾ ਹੈ, ਤੂੰ ਭੀ ਆਪਣੇ ਦਿਲ ਵਿਚ ਵਿਚਾਰ ਕਰ ਕੇ ਵੇਖ ਲੈ,
21849	483	ਹਿੰਦੂ ਤੁਰਕ ਦੁਹੂੰ ਮਹਿ ਏਕੈ ਕਹੈ ਕਬੀਰ ਪੁਕਾਰੀ॥੩॥੭॥੨੯॥		Hindhoo Thurak Dhuhoon Mehi Eaekai Kehai Kabeer Pukaaree ||3||7||29||	The One Lord is within both Hindu and Muslim; Kabeer proclaims this out loud. ||3||7||29||	ਕਬੀਰ ਉੱਚੀ ਕੂਕ ਕੇ ਆਖਦਾ ਹੈ (ਭਾਵ, ਪੂਰੇ ਯਕੀਨ ਨਾਲ ਆਖਦਾ ਹੈ), ਹਿੰਦੂ ਤੇ ਮੁਸਲਮਾਨ ਵਿਚ ਭੀ ਇੱਕ ਉਹੀ ਵੱਸਦਾ ਹੈ ॥੩॥੭॥੨੯॥
21850	483	ਆਸਾ॥ ਤਿਪਦਾ॥ ਇਕਤੁਕਾ॥		Aasaa || Thipadhaa || Eikathukaa ||	Aasaa, Ti-Pada, Ik-Tuka:	
21851	483	ਕੀਓ ਸਿੰਗਾਰੁ ਮਿਲਨ ਕੇ ਤਾਈ॥	ਤਾਂਈਂ	Keeou Singaar Milan Kae Thaaee ||	I have decorated myself to meet my Husband Lord.	ਮੈਂ ਪਤੀ-ਪ੍ਰਭੂ ਨੂੰ ਮਿਲਣ ਲਈ ਹਾਰ-ਸਿੰਗਾਰ ਲਾਇਆ,
21852	483	ਹਰਿ ਨ ਮਿਲੇ ਜਗਜੀਵਨ ਗੁਸਾਈ॥੧॥	ਜੱਗਜੀਵਨ	Har N Milae Jagajeevan Gusaaee ||1||	But the Lord, the Life of the Word, the Sustainer of the Universe, has not come to meet me. ||1||	ਪਰ ਜਗਤ-ਦੀ-ਜਿੰਦ ਜਗਤ-ਦੇ-ਮਾਲਕ ਪ੍ਰਭੂ-ਪਤੀ ਜੀ ਮੈਨੂੰ ਮਿਲੇ ਨਹੀਂ ॥੧॥

21853	483	ਹਰਿ ਮੇਰੋ ਪਿਰੁ ਹਉ ਹਰਿ ਕੀ ਬਹੁਰੀਆ॥	(ਬਹੁਰੀਆ) ਵਹੁਟੀ	Har Maero Pir Ho Har Kee Bahureeaa ||	The Lord is my Husband, and I am the Lord's bride.	ਪਰਮਾਤਮਾ ਮੇਰਾ ਖਸਮ ਹੈ, ਮੈਂ ਉਸ ਦੀ ਅੰਞਾਣ ਜਿਹੀ ਵਹੁਟੀ ਹਾਂ।
21854	483	ਰਾਮ ਬਡੇ ਮੈ ਤਨਕ ਲਹੁਰੀਆ॥੧॥ਰਹਾਉ॥	(ਤਨਕ)ਛੋਟੀ ਤੋਂ (ਲਹੁਰੀਆ)ਛੋਟੀ	Raam Baddae Mai Thanak Lahureeaa ||1|| Rehaao ||	The Lord is so great, and I am infinitesimally small. ||1||Pause||	(ਮੇਰਾ ਉਸ ਨਾਲ ਮੇਲ ਨਹੀਂ ਹੁੰਦਾ, ਕਿਉਂਕਿ) ਮੇਰਾ ਖਸਮ-ਪ੍ਰਭੂ ਬਹੁਤ ਵੱਡਾ ਹੈ ਤੇ ਮੈਂ ਨਿੱਕੀ ਜਿਹੀ ਬਾਲੜੀ ਹਾਂ ॥੧॥ ਰਹਾਉ ॥
21855	483	ਧਨ ਪਿਰ ਏਕੈ ਸੰਗਿ ਬਸੇਰਾ॥		Dhhan Pir Eaekai Sang Basaeraa ||	The bride and the Groom dwell together.	(ਮੈਂ ਜੀਵ-) ਵਹੁਟੀ ਤੇ ਖਸਮ (-ਪ੍ਰਭੂ) ਦਾ ਵਸੇਬਾ ਇੱਕੋ ਥਾਂ ਹੀ ਹੈ,
21856	483	ਸੇਜ ਏਕ ਪੈ ਮਿਲਨੁ ਦੁਹੇਰਾ॥੨॥	(ਪੈ) ਪ੍ਰੰਤੂ। (ਦੁਹੇਰਾ) ਔਖਾ	Saej Eaek Pai Milan Dhuhaeraa ||2||	They lie upon the one bed, but their union is difficult. ||2||	ਸਾਡੀ ਦੋਹਾਂ ਦੀ ਸੇਜ ਇੱਕੋ ਹੀ ਹੈ, ਪਰ (ਫਿਰ ਭੀ) ਉਸ ਨੂੰ ਮਿਲਣਾ ਬਹੁਤ ਔਖਾ ਹੈ ॥੨॥
21857	483	ਧੰਨਿ ਸੁਹਾਗਨਿ ਜੋ ਪੀਅ ਭਾਵੈ॥		Dhhann Suhaagan Jo Peea Bhaavai ||	Blessed is the soul-bride, who is pleasing to her Husband Lord.	ਮੁਬਾਰਿਕ ਹੈ ਉਹ ਭਾਗਾਂ ਵਾਲੀ ਇਸਤ੍ਰੀ ਜੋ ਖਸਮ ਨੂੰ ਪਿਆਰੀ ਲੱਗਦੀ ਹੈ,
21858	483	ਕਹਿ ਕਬੀਰ ਫਿਰਿ ਜਨਮਿ ਨ ਆਵੈ॥੩॥੮॥੩੦॥		Kehi Kabeer Fir Janam N Aavai ||3||8||30||	Says Kabeer, she shall not have to be reincarnated again. ||3||8||30||	ਕਬੀਰ ਆਖਦਾ ਹੈ-ਉਹ (ਜੀਵ-) ਇਸਤ੍ਰੀ ਫਿਰ ਜਨਮ (ਮਰਨ) ਵਿਚ ਨਹੀਂ ਆਉਂਦੀ ॥੩॥੮॥੩੦॥

21859	483	ਆਸਾ ਸ੍ਰੀ ਕਬੀਰ ਜੀਉ ਕੇ ਦੁਪਦੇ		Aasaa Sree Kabeer Jeeo Kae Dhupadhae	Aasaa Of Kabeer Jee, Du-Padas:	ਰਾਗ ਆਸਾ ਵਿੱਚ ਭਗਤ ਕਬੀਰ ਜੀ ਦੀ ਦੋ-ਬੰਦਾਂ ਵਾਲੀ ਬਾਣੀ।
21860	483	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
21861	483	ਹੀਰੈ ਹੀਰਾ ਬੇਧਿ ਪਵਨ ਮਨੁ ਸਹਜੇ ਰਹਿਆ ਸਮਾਈ॥		Heerai Heeraa Baedhh Pavan Man Sehajae Rehiaa Samaaee ||	When the Diamond of the Lord pierces the diamond of my mind, the fickle mind waving in the wind is easily absorbed into Him.	ਜਦੋਂ (ਜੀਵ-) ਹੀਰਾ (ਪ੍ਰਭੂ-) ਹੀਰੇ ਨੂੰ ਵਿੰਨ੍ਹ ਲੈਂਦਾ ਹੈ (ਭਾਵ, ਜਦੋਂ ਜੀਵ ਪਰਮਾਤਮਾ ਦੇ ਚਰਨਾਂ ਵਿਚ ਸੁਰਤ ਜੋੜ ਲੈਂਦਾ ਹੈ) ਤਾਂ ਇਸ ਦਾ ਚੰਚਲ ਮਨ ਅਡੋਲ ਅਵਸਥਾ ਵਿਚ ਸਦਾ ਟਿਕਿਆ ਰਹਿੰਦਾ ਹੈ।
21862	483	ਸਗਲ ਜੋਤਿ ਇਨਿ ਹੀਰੈ ਬੇਧੀ ਸਤਿਗੁਰ ਬਚਨੀ ਮੈ ਪਾਈ॥੧॥		Sagal Joth Ein Heerai Baedhhee Sathigur Bachanee Mai Paaee ||1||	This Diamond fills all with Divine Light; through the True Guru's Teachings, I have found Him. ||1||	ਇਹ ਪ੍ਰਭੂ-ਹੀਰਾ ਐਸਾ ਹੈ ਜੋ ਸਾਰੇ ਜੀਆ-ਜੰਤਾਂ ਵਿਚ ਮੌਜੂਦ ਹੈ-ਇਹ ਗੱਲ ਮੈਂ ਸਤਿਗੁਰੂ ਦੇ ਉਪਦੇਸ਼ ਦੀ ਬਰਕਤ ਨਾਲ ਸਮਝੀ ਹੈ ॥੧॥
21863	483	ਹਰਿ ਕੀ ਕਥਾ ਅਨਾਹਦ ਬਾਨੀ॥		Har Kee Kathhaa Anaahadh Baanee ||	The sermon of the Lord is the unstruck, endless song.	ਪ੍ਰਭੂ ਦੀ ਸਿਫ਼ਤਿ-ਸਾਲਾਹ ਨਾਲ ਤੇ ਇੱਕ-ਰਸ ਗੁਰੂ ਦੀ ਬਾਣੀ ਵਿਚ ਜੁੜ ਕੇ-
21864	483	ਹੰਸੁ ਹੁਇ ਹੀਰਾ ਲੇਇ ਪਛਾਨੀ॥੧॥ਰਹਾਉ॥		Hans Hue Heeraa Laee Pashhaanee ||1|| Rehaao ||	Becoming a swan, one recognizes the Diamond of the Lord. ||1||Pause||	ਜੋ ਜੀਵ ਹੰਸ ਬਣ ਜਾਂਦਾ ਹੈ ਉਹ (ਪ੍ਰਭੂ-) ਹੀਰੇ ਨੂੰ ਪਛਾਣ ਲੈਂਦਾ ਹੈ (ਜਿਵੇਂ ਹੰਸ ਮੋਤੀ ਪਛਾਣ ਲੈਂਦਾ ਹੈ) ॥੧॥ ਰਹਾਉ ॥

21865	483	ਕਹਿ ਕਬੀਰ ਹੀਰਾ ਅਸ ਦੇਖਿਓ ਜਗ ਮਹ ਰਹਾ ਸਮਾਈ॥	(ਅਸ) ਐਸਾ	Kehi Kabeer Heeraa As Dhaekhiou Jag Meh Rehaa Samaaee ||	Says Kabeer, I have seen such a Diamond, permeating and pervading the world.	ਕਬੀਰ ਆਖਦਾ ਹੈ-ਜੋ ਪ੍ਰਭੂ-ਹੀਰਾ ਸਾਰੇ ਜਗਤ ਵਿਚ ਵਿਆਪਕ ਹੈ,
21866	483	ਗੁਪਤਾ ਹੀਰਾ ਪ੍ਰਗਟ ਭਇਓ ਜਬ ਗੁਰ ਗਮ ਦੀਆ ਦਿਖਾਈ॥੨॥੧॥੩੧॥		Gupathaa Heeraa Pragatt Bhaeiou Jab Gur Gam Dheeaa Dhikhaaee ||2||1||31||	The hidden diamond became visible, when the Guru revealed it to me. ||2||1||31||	ਜਦੋਂ ਉਸ ਤਕ ਪਹੁੰਚ ਵਾਲੇ ਸਤਿਗੁਰੂ ਨੇ ਮੈਨੂੰ ਉਸ ਦਾ ਦੀਦਾਰ ਕਰਾਇਆ, ਤਾਂ ਮੈਂ ਉਹ ਹੀਰਾ (ਆਪਣੇ ਅੰਦਰ ਹੀ) ਵੇਖ ਲਿਆ, ਉਹ ਲੁਕਿਆ ਹੋਇਆ ਹੀਰਾ (ਮੇਰੇ ਅੰਦਰ ਹੀ) ਪ੍ਰਤੱਖ ਹੋ ਗਿਆ ॥੨॥੧॥੩੧॥
21867	483	ਆਸਾ॥	ਕੁ-ਲੱਖਨੀ	Aasaa ||	Aasaa:	
21868	483	ਪਹਿਲੀ ਕਰੂਪਿ ਕੁਜਾਤਿ ਕੁਲਖਨੀ ਸਾਹੁਰੈ ਪੇਈਐ ਬੁਰੀ॥		Pehilee Karoop Kujaath Kulakhanee Saahurai Paeeeai Buree ||	My first wife, ignorance, was ugly, of low social status and bad character; she was evil in my home, and in her parents' home.	ਮੇਰੇ ਮਨ ਦੀ ਪਹਿਲੀ ਬਿਰਤੀ ਭੈੜੇ ਰੂਪ ਵਾਲੀ, ਚੰਦਰੇ ਘਰ ਦੀ ਜੰਮੀ ਹੋਈ ਤੇ ਚੰਦਰੇ ਲੱਛਣਾਂ ਵਾਲੀ ਸੀ। ਉਸ ਨੇ ਮੇਰੇ ਇਸ ਜੀਵਨ ਵਿਚ ਭੀ ਚੰਦਰੀ ਹੀ ਰਹਿਣਾ ਸੀ ਤੇ ਮੇਰੇ ਪਰਲੋਕ ਵਿਚ ਗਿਆਂ ਭੀ ਭੈੜੀ ਹੀ ਰਹਿਣਾ ਸੀ।

21869	483	ਅਬ ਕੀ ਸਰੂਪਿ ਸੁਜਾਨਿ ਸੁਲਖਨੀ ਸਹਜੇ ਉਦਰਿ ਧਰੀ॥੧॥	ਸੁ-ਲੱਖਨੀ	Ab Kee Saroop Sujaan Sulakhanee Sehajae Oudhar Dhharee ||1||	My present bride, divine understanding, is beautiful, wise and well-behaved; I have taken her to my heart. ||1||	ਜਿਹੜੀ ਬਿਰਤੀ ਮੈਂ ਹੁਣ ਆਤਮਕ ਅਡੋਲਤਾ ਦੀ ਰਾਹੀਂ ਆਪਣੇ ਅੰਦਰ ਵਸਾਈ ਹੈ ਉਹ ਸੁਹਣੇ ਰੂਪ ਵਾਲੀ, ਸੁਚੱਜੀ ਤੇ ਚੰਗੇ ਲੱਛਣਾਂ ਵਾਲੀ ਹੈ ॥੧॥
21870	483	ਭਲੀ ਸਰੀ ਮੁਈ ਮੇਰੀ ਪਹਿਲੀ ਬਰੀ॥		Bhalee Saree Muee Maeree Pehilee Baree ||	It has turned out so well, that my first wife has died.	ਚੰਗਾ ਹੀ ਹੋਇਆ ਹੈ ਕਿ ਮੇਰੀ ਉਹ ਮਾਨੋ-ਬਿਰਤੀ ਖ਼ਤਮ ਹੋ ਗਈ ਹੈ ਜੋ ਮੈਨੂੰ ਪਹਿਲਾਂ ਚੰਗੀ ਲੱਗਿਆ ਕਰਦੀ ਸੀ।
21871	483	ਜੁਗੁ ਜੁਗੁ ਜੀਵਉ ਮੇਰੀ ਅਬ ਕੀ ਧਰੀ॥੧॥ਰਹਾਉ॥		Jug Jug Jeevo Maeree Ab Kee Dhharee ||1|| Rehaao ||	May she, whom I have now married, live throughout the ages. ||1||Pause||	ਜਿਹੜੀ ਮੈਨੂੰ ਹੁਣ ਮਿਲੀ ਹੈ, ਰੱਬ ਕਰੇ ਉਹ ਸਦਾ ਜੀਂਦੀ ਰਹੇ ॥੧॥ ਰਹਾਉ ॥
21872	483	ਕਹੁ ਕਬੀਰ ਜਬ ਲਹੁਰੀ ਆਈ ਬਡੀ ਕਾ ਸੁਹਾਗੁ ਟਰਿਓ॥	(ਲਹੁਰੀ) ਗ੍ਰੀਬੀ। (ਬਡੀ) ਹੰਕਾਰ	Kahu Kabeer Jab Lahuree Aaee Baddee Kaa Suhaag Ttariou ||	Says Kabeer, when the younger bride came, the elder one lost her husband.	ਕਬੀਰ ਆਖਦਾ ਹੈ- ਜਦੋਂ ਦੀ ਇਹ ਗਰੀਬੜੇ ਸੁਭਾਵ ਵਾਲੀ ਬਿਰਤੀ ਮੈਨੂੰ ਮਿਲੀ ਹੈ, ਅਹੰਕਾਰਨ ਬਿਰਤੀ ਦਾ ਜ਼ੋਰ ਮੇਰੇ ਉੱਤੋਂ ਟਲ ਗਿਆ ਹੈ।
21873	483	ਲਹੁਰੀ ਸੰਗਿ ਭਈ ਅਬ ਮੇਰੈ ਜੇਠੀ ਅਉਰੁ ਧਰਿਓ॥੨॥੨॥੩੨॥		Lahuree Sang Bhee Ab Maerai Jaethee Aour Dhhariou ||2||2||32||	The younger bride is with me now, and the elder one has taken another husband. ||2||2||32||	ਇਹ ਨਿਮ੍ਰਤਾ ਵਾਲੀ ਮੱਤ ਹੁਣ ਸਦਾ ਮੇਰੇ ਨਾਲ ਰਹਿੰਦੀ ਹੈ, ਤੇ ਉਸ ਅਹੰਕਾਰ-ਬੁੱਧੀ ਨੇ ਕਿਤੇ ਕੋਈ ਹੋਰ ਥਾਂ ਜਾ ਲੱਭਾ ਹੋਵੇਗਾ ॥੨॥੨॥੩੨॥

21874	484	ਆਸਾ॥		Aasaa ||	Aasaa:	
21875	484	ਮੇਰੀ ਬਹੁਰੀਆ ਕੋ ਧਨੀਆ ਨਾਉ॥		Maeree Bahureeaa Ko Dhhaneeaa Naao ||	My daughter-in-law was first called Dhannia, the woman of wealth,	ਮੇਰੀ ਜਿੰਦੜੀ-ਰੂਪ ਵਹੁਟੀ ਪਹਿਲਾਂ ਧਨ ਦੀ ਪਿਆਰੀ ਅਖਵਾਂਦੀ ਸੀ, (ਭਾਵ, ਮੇਰੀ ਜਿੰਦ ਪਹਿਲਾਂ ਮਾਇਆ ਨਾਲ ਪਿਆਰ ਕਰਿਆ ਕਰਦੀ ਸੀ)।
21876	484	ਲੇ ਰਾਖਿਓ ਰਾਮ ਜਨੀਆ ਨਾਉ॥੧॥		Lae Raakhiou Raam Janeeaa Naao ||1||	But now she is called Raam-jannia, the servant of the Lord. ||1||	(ਮੇਰੇ ਸਤ-ਸੰਗੀਆਂ ਨੇ ਇਸ ਜਿੰਦ ਨੂੰ) ਆਪਣੇ ਅਸਰ ਹੇਠ ਲਿਆ ਕੇ ਇਸ ਦਾ ਨਾਮ ਰਾਮਦਾਸੀ ਰੱਖ ਦਿੱਤਾ (ਭਾਵ, ਇਸ ਜਿੰਦ ਨੂੰ ਪਰਮਾਤਮਾ ਦੀ ਦਾਸੀ ਅਖਵਾਉਣ-ਜੋਗ ਬਣਾ ਦਿੱਤਾ) ॥੧॥
21877	484	ਇਨ੍ ਮੁੰਡੀਅਨ ਮੇਰਾ ਘਰੁ ਧੁੰਧਰਾਵਾ॥	(ਧੁੰਧਰਾਵਾ) ਘੱਟੇ ਚ ਹੀ ਰਲ਼ਾ ਦਿਤਾ	Einh Munddeean Maeraa Ghar Dhhundhharaavaa ||	These shaven-headed saints have ruined my house.	ਇਹਨਾਂ ਸਤ-ਸੰਗੀਆਂ ਨੇ ਮੇਰਾ (ਉਹ) ਘਰ ਉਜਾੜ ਦਿੱਤਾ ਹੈ (ਜਿਸ ਵਿਚ ਮਾਇਆ ਨਾਲ ਮੋਹ ਕਰਨ ਵਾਲੀ ਜਿੰਦ ਰਹਿੰਦੀ ਸੀ),
21878	484	ਬਿਟਵਹਿ ਰਾਮ ਰਮਊਆ ਲਾਵਾ॥੧॥ਰਹਾਉ॥	ਮਨ ਰੂਪੀ (ਬਿਟਵ-ਹਿ) ਸਪੁੱਤ੍ਰ ਨੂੰ। (ਰ-ਮਊਆ) ਸਿਮਰਨ ਚ	Bittavehi Raam Ramooaa Laavaa ||1|| Rehaao ||	They have caused my son to start chanting the Lord's Name. ||1||Pause||	(ਕਿਉਂਕਿ ਹੁਣ ਇਹਨਾਂ) ਮੇਰੇ ਅੰਞਾਣੇ ਮਨ ਨੂੰ ਪਰਮਾਤਮਾ ਦੇ ਸਿਮਰਨ ਦੀ ਚੇਟਕ ਲਾ ਦਿੱਤੀ ਹੈ ॥੧॥ ਰਹਾਉ ॥
21879	484	ਕਹਤੁ ਕਬੀਰ ਸੁਨਹੁ ਮੇਰੀ ਮਾਈ॥		Kehath Kabeer Sunahu Maeree Maaee ||	Says Kabeer, listen, O mother:	ਕਬੀਰ ਆਖਦਾ ਹੈ-ਹੇ ਮੇਰੀ ਮਾਂ! ਸੁਣ,

21880	484	ਇਨ੍ ਮੁੰਡੀਅਨ ਮੇਰੀ ਜਾਤਿ ਗਵਾਈ॥੨॥੩॥੩੩॥		Einh Munddeean Maeree Jaath Gavaaee ||2||3||33||	These shaven-headed saints have done away with my low social status. ||2||3||33||	ਇਹਨਾਂ ਸਤ-ਸੰਗੀਆਂ ਨੇ ਮੇਰੀ (ਨੀਵੀਂ) ਜਾਤ (ਭੀ) ਮੁਕਾ ਦਿੱਤੀ ਹੈ (ਹੁਣ ਲੋਕ ਮੈਨੂੰ ਸ਼ੂਦਰ ਜਾਣ ਕੇ ਉਹ ਸ਼ੂਦਰਾਂ ਵਾਲਾ ਸਲੂਕ ਨਹੀਂ ਕਰਦੇ) ॥੨॥੩॥੩੩॥
21881	484	ਆਸਾ॥		Aasaa ||	Aasaa:	
21882	484	ਰਹੁ ਰਹੁ ਰੀ ਬਹੁਰੀਆ ਘੂੰਘਟੁ ਜਿਨਿ ਕਾਢੈ॥		Rahu Rahu Ree Bahureeaa Ghoonghatt Jin Kaadtai ||	Stay, stay, O daughter-in-law - do not cover your face with a veil.	ਹੇ ਮੇਰੀ ਅੰਞਾਣ ਜਿੰਦੇ! ਹੁਣ ਬੱਸ ਕਰ, ਪ੍ਰਭੂ-ਪਤੀ ਵਲੋਂ ਘੁੰਡ ਕੱਢਣਾ ਛੱਡ ਦੇਹ, (ਜੇ ਸਾਰੀ ਉਮਰ ਪ੍ਰਭੂ ਨਾਲੋਂ ਤੇਰੀ ਵਿੱਥ ਹੀ ਰਹੀ, ਤਾਂ)
21883	484	ਅੰਤ ਕੀ ਬਾਰ ਲਹੈਗੀ ਨ ਆਢੈ॥੧॥ਰਹਾਉ॥	(ਆਢੈ) ਅੱਧੀ ਦਮੜੀ	Anth Kee Baar Lehaigee N Aadtai ||1|| Rehaao ||	In the end, this shall not bring you even half a shell. ||1||Pause||	ਤੇਰਾ ਸਾਰਾ ਜੀਵਨ ਅਜਾਈਂ ਚਲਿਆ ਜਾਇਗਾ (ਇਸ ਜੀਵਨ ਦਾ ਆਖ਼ਰ ਅੱਧੀ ਦਮੜੀ ਭੀ ਮੁੱਲ ਨਹੀਂ ਪੈਣਾ) ॥੧॥ ਰਹਾਉ ॥
21884	484	ਘੂੰਘਟੁ ਕਾਢਿ ਗਈ ਤੇਰੀ ਆਗੈ॥		Ghoonghatt Kaadt Gee Thaeree Aagai ||	The one before you used to veil her face;	ਤੈਥੋਂ ਪਹਿਲਾਂ (ਇਸ ਜਗਤ ਵਿਚ ਕਈ ਜਿੰਦ-ਵਹੁਟੀਆਂ ਪ੍ਰਭੂ ਵਲੋਂ) ਘੁੰਡ ਕੱਢ ਕੇ ਤੁਰ ਗਈਆਂ,
21885	484	ਉਨ ਕੀ ਗੈਲਿ ਤੋਹਿ ਜਿਨਿ ਲਾਗੈ॥੧॥	(ਗੈਲਿ) ਆਦਤ। (ਜਿਨਿ) ਮਤਾਂ	Oun Kee Gail Thohi Jin Laagai ||1||	Do not follow in her footsteps. ||1||	(ਵੇਖੀਂ!) ਕਿਤੇ ਉਹਨਾਂ ਵਾਲੀ ਵਾਦੀ ਤੈਨੂੰ ਨਾਹ ਪੈ ਜਾਏ ॥੧॥

21886	484	ਘੂੰਘਟ ਕਾਢੇ ਕੀ ਇਹੈ ਬਡਾਈ॥		Ghoonghatt Kaadtae Kee Eihai Baddaaee ||	The only merit in veiling your face is	(ਪ੍ਰਭੂ-ਪਤੀ ਵਲੋਂ) ਘੁੰਡ ਕੱਢਿਆਂ (ਤੇ ਮਾਇਆ ਨਾਲ ਪ੍ਰੀਤ ਜੋੜਿਆਂ, ਇਸ ਜਗਤ ਵਿਚ ਲੋਕਾਂ ਵਲੋਂ)
21887	484	ਦਿਨ ਦਸ ਪਾਂਚ ਬਹੂ ਭਲੇ ਆਈ॥੨॥	(ਬਹੂ) ਵਹੁਟੀ ਜੀਵ ਇਸਤ੍ਰੀ	Dhin Dhas Paanch Behoo Bhalae Aaee ||2||	That for a few days, people will say, ""What a noble bride has come"". ||2||	ਪੰਜ ਦਸ ਦਿਨ ਲਈ ਇਤਨੀ ਕੁ ਸ਼ੁਹਰਤ ਹੀ ਮਿਲਦੀ ਹੈ ਕਿ ਇਹ ਜਿੰਦ-ਵਹੁਟੀ ਚੰਗੀ ਆਈ (ਭਾਵ, ਲੋਕ ਇਤਨਾ ਕੁ ਹੀ ਆਖਦੇ ਹਨ ਕਿ ਫਲਾਣਾ ਬੰਦਾ ਚੰਗਾ ਕਮਾਊ ਜੰਮਿਆ; ਬੱਸ! ਮਰ ਗਿਆ ਤੇ ਗੱਲ ਭੁੱਲ ਗਈ) ॥੨॥
21888	484	ਘੂੰਘਟੁ ਤੇਰੋ ਤਉ ਪਰਿ ਸਾਚੈ॥	(ਪਰਿ) ਵਿਸ਼ੇਸ਼ ਕਰਕੇ। (ਸਾਚੈ) ਸੱਚਾ	Ghoonghatt Thaero Tho Par Saachai ||	Your veil shall be true only if	(ਪਰ, ਹੇ ਜਿੰਦੇ! ਇਹ ਤਾਂ ਸੀ ਝੂਠਾ ਘੁੰਡ ਜੋ ਤੂੰ ਪ੍ਰਭੂ-ਪਤੀ ਵਲੋਂ ਕੱਢੀ ਰੱਖਿਆ, ਤੇ ਚਾਰ ਦਿਨ ਜਗਤ ਵਿਚ ਮਾਇਆ ਕਮਾਣ ਦੀ ਸ਼ੁਹਰਤ ਖੱਟੀ),
21889	484	ਹਰਿ ਗੁਨ ਗਾਇ ਕੂਦਹਿ ਅਰੁ ਨਾਚੈ॥੩॥		Har Gun Gaae Koodhehi Ar Naachai ||3||	You skip, dance and sing the Glorious Praises of the Lord. ||3||	ਤੇਰਾ ਸੱਚਾ ਘੁੰਡ ਤਦੋਂ ਹੀ ਹੋ ਸਕਦਾ ਹੈ ਜੇ (ਮਾਇਆ ਦੇ ਮੋਹ ਵਲੋਂ ਮੂੰਹ ਲੁਕਾ ਕੇ) ਪ੍ਰਭੂ ਦੇ ਗੁਣ ਗਾਵੇਂ, ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਹੁਲਾਰਾ ਤੇਰੇ ਅੰਦਰ ਉਠੇ ॥੩॥
21890	484	ਕਹਤ ਕਬੀਰ ਬਹੂ ਤਬ ਜੀਤੈ॥		Kehath Kabeer Behoo Thab Jeethai ||	Says Kabeer, the soul-bride shall win,	ਕਬੀਰ ਆਖਦਾ ਹੈ-ਜਿੰਦ-ਵਹੁਟੀ ਤਦੋਂ ਹੀ ਮਨੁੱਖ-ਜਨਮ ਦੀ ਬਾਜ਼ੀ ਜਿੱਤਦੀ ਹੈ,

21891	484	ਹਰਿ ਗੁਨ ਗਾਵਤ ਜਨਮੁ ਬਿਤੀਤੈ॥੪॥੧॥੩੪॥		Har Gun Gaavath Janam Bitheethai ||4||1||34||	Only if she passes her life singing the Lord's Praises. ||4||1||34||	ਜੇ ਇਸ ਦੀ ਸਾਰੀ ਉਮਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਿਆਂ ਗੁਜ਼ਰੇ ॥੪॥੧॥੩੪॥
21892	484	ਆਸਾ॥		Aasaa ||	Aasaa:	
21893	484	ਕਰਵਤੁ ਭਲਾ ਨ ਕਰਵਟ ਤੇਰੀ॥	(ਕਰਵੱਤੁ)ਆਰਾ। (ਕਰ-ਵਤੁ) ਪਾਸਾ ਪਲਟਣਾ।ਕਰ-ਵਤੁ:ਪੋਲਾ ਬੋਲੋ	Karavath Bhalaa N Karavatt Thaeree ||	I would rather be cut apart by a saw, than have You turn Your back on me.	ਦਾਤਾ! ਤੇਰੇ ਪਿੱਠ ਦੇਣ ਨਾਲੋਂ ਮੈਨੂੰ (ਸਰੀਰ ਉੱਤੇ) ਆਰਾ ਸਹਾਰ ਲੈਣਾ ਚੰਗਾ ਹੈ (ਭਾਵ, ਆਰੇ ਨਾਲ ਸਰੀਰ ਚਿਰਾਣ ਵਿਚ ਇਤਨੀ ਪੀੜ ਨਹੀਂ, ਜਿਤਨੀ ਤੇਰੀ ਮਿਹਰ ਦੀ ਨਿਗਾਹ ਤੋਂ ਵਾਂਜੇ ਰਹਿਣ ਵਿਚ ਹੈ);
21894	484	ਲਾਗੁ ਗਲੇ ਸੁਨੁ ਬਿਨਤੀ ਮੇਰੀ॥੧॥		Laag Galae Sun Binathee Maeree ||1||	Hug me close, and listen to my prayer. ||1||	(ਹੇ ਸੱਜਣ ਪ੍ਰਭੂ!) ਮੇਰੀ ਅਰਜੋਈ ਸੁਣ, ਤੇ ਮੇਰੇ ਗਲ ਲੱਗ (ਭਾਵ, ਤੇਰੀ ਯਾਦ ਮੇਰੇ ਗਲ ਦਾ ਹਾਰ ਬਣੀ ਰਹੇ) ॥੧॥
21895	484	ਹਉ ਵਾਰੀ ਮੁਖੁ ਫੇਰਿ ਪਿਆਰੇ॥		Ho Vaaree Mukh Faer Piaarae ||	I am a sacrifice to You - please, turn Your face to me, O Beloved Lord.	ਹੇ ਪਿਆਰੇ ਪ੍ਰਭੂ! ਮੈਂ ਤੈਥੋਂ ਕੁਰਬਾਨ! ਮੇਰੇ ਵੱਲ ਤੱਕ;
21896	484	ਕਰਵਟੁ ਦੇ ਮੋਕਉ ਕਾਹੇ ਕਉ ਮਾਰੇ॥੧॥ਰਹਾਉ॥		Karavatt Dhae Mo Ko Kaahae Ko Maarae ||1|| Rehaao ||	Why have You turned Your back to me? Why have You killed me? ||1||Pause||	ਮੈਨੂੰ ਪਿੱਠ ਦੇ ਕੇ ਕਿਉਂ ਮਾਰ ਰਿਹਾ ਹੈਂ? (ਭਾਵ, ਜੇ ਤੂੰ ਮੇਰੇ ਉੱਤੇ ਮਿਹਰ ਦੀ ਨਜ਼ਰ ਨਾਹ ਕਰੇਂ, ਤਾਂ ਮੈਂ ਜੀਊ ਨਹੀਂ ਸਕਦਾ) ॥੧॥ ਰਹਾਉ ॥

21897	484	ਜਉ ਤਨੁ ਚੀਰਹਿ ਅੰਗੁ ਨ ਮੋਰਉ॥		Jo Than Cheerehi Ang N Moro ||	Even if You cut my body apart, I shall not pull my limbs away from You.	ਹੇ ਪ੍ਰਭੂ! ਜੇ ਮੇਰਾ ਸਰੀਰ ਚੀਰ ਦੇਵੇਂ ਤਾਂ ਭੀ ਮੈਂ (ਇਸ ਨੂੰ ਬਚਾਣ ਦੀ ਖ਼ਾਤਰ) ਪਿਛਾਂਹ ਨਹੀਂ ਹਟਾਵਾਂਗਾ;
21898	484	ਪਿੰਡੁ ਪਰੈ ਤਉ ਪ੍ਰੀਤਿ ਨ ਤੋਰਉ॥੨॥	(ਪਿੰਡੁ) ਸ੍ਰੀਰ। (ਪਰੈ) ਨਾਸ ਹੋ ਜਾਏ	Pindd Parai Tho Preeth N Thoro ||2||	Even if my body falls, I shall not break my bonds of love with You. ||2||	ਇਹ ਸਰੀਰ ਨਾਸ ਹੋ ਜਾਣ ਤੇ ਭੀ ਮੈਂ ਤੇਰੇ ਨਾਲੋਂ ਪਿਆਰ ਨਹੀਂ ਤੋੜਨਾ ॥੨॥
21899	484	ਹਮ ਤੁਮ ਬੀਚੁ ਭਇਓ ਨਹੀ ਕੋਈ॥		Ham Thum Beech Bhaeiou Nehee Koee ||	Between You and I, there is no other.	ਹੇ ਪਿਆਰੇ! ਮੇਰੇ ਤੇਰੇ ਵਿਚ ਕੋਈ ਵਿੱਥ ਨਹੀਂ ਹੈ,
21900	484	ਤੁਮਹਿ ਸੁ ਕੰਤ ਨਾਰਿ ਹਮ ਸੋਈ॥੩॥		Thumehi S Kanth Naar Ham Soee ||3||	You are the Husband Lord, and I am the soul-bride. ||3||	ਤੂੰ ਉਹੀ ਪ੍ਰਭੂ-ਖਸਮ ਹੈਂ ਤੇ ਮੈਂ ਜੀਵ-ਇਸਤ੍ਰੀ ਤੇਰੀ ਨਾਰ ਹਾਂ ॥੩॥
21901	484	ਕਹਤੁ ਕਬੀਰੁ ਸੁਨਹੁ ਰੇ ਲੋਈ॥	(ਲੋਈ) ਲੋਕਾਈ, ਲੋਕੋ	Kehath Kabeer Sunahu Rae Loee ||	Says Kabeer, listen, O people:	(ਇਹ ਵਿੱਥ ਪੁਆਉਣ ਵਾਲਾ ਚੰਦਰਾ ਜਗਤ ਦਾ ਮੋਹ ਸੀ, ਸੋ,) ਕਬੀਰ ਆਖਦਾ ਹੈ-ਸੁਣ, ਹੇ ਜਗਤ! (ਹੇ ਜਗਤ ਦੇ ਮੋਹ!)
21902	484	ਅਬ ਤੁਮਰੀ ਪਰਤੀਤਿ ਨ ਹੋਈ॥੪॥੨॥੩੫॥		Ab Thumaree Paratheeth N Hoee ||4||2||35||	Now, I place no reliance in you. ||4||2||35||	ਹੁਣ ਕਦੇ ਮੈਂ ਤੇਰਾ ਇਤਬਾਰ ਨਹੀਂ ਕਰਾਂਗਾ (ਹੇ ਮੋਹ! ਹੁਣ ਮੈਂ ਤੇਰੇ ਜਾਲ ਵਿਚ ਨਹੀਂ ਫਸਾਂਗਾ, ਤੂੰ ਹੀ ਮੈਨੂੰ ਮੇਰੇ ਪਤੀ-ਪ੍ਰਭੂ ਤੋਂ ਵਿਛੋੜਦਾ ਹੈਂ) ॥੪॥੨॥੩੫॥
21903	484	ਆਸਾ॥		Aasaa ||	Aasaa:	

21904	484	ਕੋਰੀ ਕੋ ਕਾਹੂ ਮਰਮੁ ਨ ਜਾਨਾਂ॥	(ਕੋਰੀ)ਜੁਲਾਹੇ (ਕੋ) ਦਾ (ਕਾਹੂ) ਕਿਸੇ ਨੇ। (ਮਰਮੁ)ਭੇਦ	Koree Ko Kaahoo Maram N Jaanaan ||	No one knows the secret of God, the Cosmic Weaver.	(ਤੁਸੀ ਸਾਰੇ ਮੈਨੂੰ 'ਜੁਲਾਹ ਜੁਲਾਹ' ਆਖ ਕੇ ਛੁਟਿਆਉਣ ਦੇ ਜਤਨ ਕਰਦੇ ਹੋ, ਪਰ ਤੁਹਾਨੂੰ ਪਤਾ ਨਹੀਂ ਕਿ ਪਰਮਾਤਮਾ ਭੀ ਜੁਲਾਹਾ ਹੀ ਹੈ) ਤੁਸਾਂ ਕਿਸੇ ਨੇ ਉਸ ਜੁਲਾਹ ਦਾ ਭੇਤ ਨਹੀਂ ਪਾਇਆ,
21905	484	ਸਭੁ ਜਗੁ ਆਨਿ ਤਨਾਇਓ ਤਾਨਾਂ॥੧॥ਰਹਾਉ॥	(ਆਨਿ) ਪੈਦਾ ਕਰਕੇ। ਤਾਨਾਂ:ਪੋਲਾ ਬੋਲੋ	Sabh Jag Aan Thanaaeiou Thaanaan ||1|| Rehaao ||	He has stretched out the fabric of the whole world. ||1||Pause||	ਜਿਸ ਨੇ ਇਹ ਸਾਰਾ ਜਗਤ ਪੈਦਾ ਕਰ ਕੇ (ਮਾਨੋ) ਤਾਣਾ ਤਣ ਦਿੱਤਾ ਹੈ ॥੧॥ ਰਹਾਉ ॥
21906	484	ਜਬ ਤੁਮ ਸੁਨਿ ਲੇ ਬੇਦ ਪੁਰਾਨਾਂ॥		Jab Thum Sun Lae Baedh Puraanaan ||	When you listen to the Vedas and the Puraanas,	(ਹੇ ਪੰਡਿਤ ਜੀ!) ਜਿਤਨਾ ਚਿਰ ਤੁਸੀ ਵੇਦ ਪੁਰਾਣ ਸੁਣਦੇ ਰਹੇ,
21907	484	ਤਬ ਹਮ ਇਤਨਕੁ ਪਸਰਿਓ ਤਾਨਾਂ॥੧॥	ਇਤਨ-ਕੁ	Thab Ham Eithanak Pasariou Thaanaan ||1||	You shall know that the whole world is only a small piece of His woven fabric. ||1||	ਮੈਂ ਉਤਨਾ ਚਿਰ ਥੋੜ੍ਹਾ ਜਿਹਾ ਤਾਣਾ ਤਣ ਲਿਆ (ਭਾਵ, ਤੁਸੀ ਵੇਦ ਪੁਰਾਨਾਂ ਦੇ ਪਾਠੀ ਹੋਣ ਦਾ ਮਾਣ ਕਰਦੇ ਹੋ, ਪਰ ਤੁਸਾਂ ਇਸ ਵਿੱਦਿਆ ਨੂੰ ਉਸੇ ਤਰ੍ਹਾਂ ਰੋਜ਼ੀ ਲਈ ਵਰਤਿਆ ਹੈ ਜਿਵੇਂ ਮੈਂ ਤਾਣਾ ਤਣਨ ਤੇ ਕੰਮ ਨੂੰ ਵਰਤਦਾ ਹਾਂ, ਦੋਹਾਂ ਵਿਚ ਕੋਈ ਫ਼ਰਕ ਨਾਹ ਪਿਆ ਪਰ ਫਿਰ ਵਿਦਵਾਨ ਹੋਣ ਦਾ ਅਤੇ ਬ੍ਰਾਹਮਣ ਹੋਣ ਦਾ ਮਾਣ ਕੂੜਾ ਹੀ ਹੈ) ॥੧॥

21908	484	ਧਰਨਿ ਅਕਾਸ ਕੀ ਕਰਗਹ ਬਨਾਈ॥	(ਕਰਗਹ)ਕੰਘੀ	Dhharan Akaas Kee Karageh Banaaee ||	He has made the earth and sky His loom.	(ਉਸ ਪ੍ਰਭੂ-ਜੁਲਾਹ ਨੇ) ਧਰਤੀ ਤੇ ਅਕਾਸ਼ ਦੀ ਕੰਘੀ ਬਣਾ ਦਿੱਤੀ ਹੈ,
21909	484	ਚੰਦੁ ਸੂਰਜੁ ਦੁਇ ਸਾਥ ਚਲਾਈ॥੨॥		Chandh Sooraj Dhue Saathh Chalaaee ||2||	Upon it, He moves the two bobbins of the sun and the moon. ||2||	ਚੰਦ ਅਤੇ ਸੂਰਜ ਨੂੰ ਉਹ (ਉਸ ਕੰਘੀ ਦੇ ਨਾਲ) ਨਾਲਾਂ ਬਣਾ ਕੇ ਵਰਤ ਰਿਹਾ ਹੈ ॥੨॥
21910	484	ਪਾਈ ਜੋਰਿ ਬਾਤ ਇਕ ਕੀਨੀ ਤਹ ਤਾਂਤੀ ਮਨੁ ਮਾਨਾਂ॥	(ਤਾਂਤੀ) ਜੁਲਾਹਾ	Paaee Jor Baath Eik Keenee Theh Thaanthee Man Maanaan ||	Placing my feet together, I have accomplished one thing - my mind is pleased with that Weaver.	ਜੁਲਾਹੇ ਦੇ ਪਊਇਆਂ ਦੀ ਜੋੜੀ ਉਸ ਜੁਲਾਹ-ਪ੍ਰਭੂ ਨੇ (ਜਗਤ ਦੀ ਜਨਮ-ਮਰਨ ਦੀ) ਖੇਡ ਰਚ ਦਿੱਤੀ ਹੈ, ਮੈਂ ਜੁਲਾਹੇ ਦਾ ਮਨ ਉਸ ਜੁਲਾਹ-ਪ੍ਰਭੂ ਵਿਚ ਟਿਕ ਗਿਆ ਹੈ, ਜਿਸ ਨੇ ਇਹ ਖੇਡ ਰਚੀ ਹੈ।
21911	484	ਜੋਲਾਹੇ ਘਰੁ ਅਪਨਾ ਚੀਨ੍ਹਾਂ ਘਟ ਹੀ ਰਾਮੁ ਪਛਾਨਾਂ॥੩॥		Jolaahae Ghar Apanaa Cheenhaan Ghatt Hee Raam Pashhaanaan ||3||	I have come to understand my own home, and recognize the Lord within my heart. ||3||	ਮੈਂ ਜੁਲਾਹ ਨੇ (ਉਸ ਜੁਲਾਹ-ਪ੍ਰਭੂ ਦੇ ਚਰਨਾਂ ਵਿਚ ਜੁੜ ਕੇ) ਆਪਣਾ ਹੀ ਘਰ ਲੱਭ ਲਿਆ ਹੈ, ਤੇ ਮੈਂ ਆਪਣੇ ਹਿਰਦੇ ਵਿਚ ਹੀ ਉਸ ਪਰਮਾਤਮਾ ਨੂੰ (ਬੈਠਾ) ਪਛਾਣ ਲਿਆ ਹੈ ॥੩॥
21912	484	ਕਹਤੁ ਕਬੀਰੁ ਕਾਰਗਹ ਤੋਰੀ॥	(ਕਾਰਗਹ) ਕੰਘੀ	Kehath Kabeer Kaarageh Thoree ||	Says Kabeer, when my body workshop breaks,	ਕਬੀਰ ਆਖਦਾ ਹੈ-ਜਦੋਂ ਉਹ ਜੁਲਾਹ (ਇਸ ਜਗਤ-) ਕੰਘੀ ਨੂੰ ਤੋੜ ਦੇਂਦਾ ਹੈ,
21913	484	ਸੂਤੈ ਸੂਤ ਮਿਲਾਏ ਕੋਰੀ॥੪॥੩॥੩੬॥	(ਕੋਰੀ) ਜੁਲਾਹਾ	Soothai Sooth Milaaeae Koree ||4||3||36||	The Weaver shall blend my thread with His thread. ||4||3||36||	ਤਾਂ ਸੂਤਰ ਵਿਚ ਸੂਤਰ ਰਲਾ ਦੇਂਦਾ ਹੈ (ਭਾਵ, ਸਾਰੇ ਜਗਤ ਨੂੰ ਆਪਣੇ ਵਿਚ ਮਿਲਾ ਲੈਂਦਾ ਹੈ) ॥੪॥੩॥੩੬॥

21914	484	ਆਸਾ॥		Aasaa ||	Aasaa:	
21915	484	ਅੰਤਰਿ ਮੈਲੁ ਜੇ ਤੀਰਥ ਨਾਵੈ ਤਿਸੁ ਬੈਕੁੰਠ ਨ ਜਾਨਾਂ॥	ਨ੍ਹਾਵੈ	Anthar Mail Jae Theerathh Naavai This Baikunth N Jaanaan ||	With filth within the heart, even if one bathes at sacred places of pilgrimage, still, he shall not go to heaven.	ਜੇ ਮਨ ਵਿਚ ਵਿਕਾਰਾਂ ਦੀ ਮੈਲ (ਭੀ ਟਿਕੀ ਰਹੇ, ਤੇ) ਕੋਈ ਮਨੁੱਖ ਤੀਰਥਾਂ ਉੱਤੇ ਨ੍ਹਾਉਂਦਾ ਫਿਰੇ, ਤਾਂ ਇਸ ਤਰ੍ਹਾਂ ਉਸ ਨੇ ਸੁਰਗ ਵਿਚ ਨਹੀਂ ਜਾ ਅੱਪੜਨਾ;
21916	484	ਲੋਕ ਪਤੀਣੇ ਕਛੂ ਨ ਹੋਵੈ ਨਾਹੀ ਰਾਮੁ ਅਯਾਨਾ॥੧॥	ਅਯਾ-ਨਾ ਯ ਤਾਲੂ ਤੋਂ ਬੋਲੋ	Lok Patheenae Kashhoo N Hovai Naahee Raam Ayaanaa ||1||	Nothing is gained by trying to please others - the Lord cannot be fooled. ||1||	(ਤੀਰਥਾਂ ਉੱਤੇ ਨ੍ਹਾਤਿਆਂ ਲੋਕ ਤਾਂ ਕਹਿਣ ਲੱਗ ਪੈਣਗੇ ਕਿ ਇਹ ਭਗਤ ਹੈ, ਪਰ) ਲੋਕਾਂ ਦੇ ਪਤੀਜਿਆਂ ਕੋਈ ਲਾਭ ਨਹੀਂ ਹੁੰਦਾ, ਕਿਉਂਕਿ ਪਰਮਾਤਮਾ (ਜੋ ਹਰੇਕ ਦੇ ਦਿਲ ਦੀ ਜਾਣਦਾ ਹੈ) ਅੰਞਾਣਾ ਨਹੀਂ ਹੈ ॥੧॥
21917	484	ਪੂਜਹੁ ਰਾਮੁ ਏਕੁ ਹੀ ਦੇਵਾ॥		Poojahu Raam Eaek Hee Dhaevaa ||	Worship the One Divine Lord.	ਸੋ, ਇਕ ਪਰਮਾਤਮਾ ਦੇਵ ਦਾ ਭਜਨ ਕਰੋ।
21918	484	ਸਾਚਾ ਨਾਵਣੁ ਗੁਰ ਕੀ ਸੇਵਾ॥੧॥ਰਹਾਉ॥	ਨ੍ਹਾਵਣੁ	Saachaa Naavan Gur Kee Saevaa ||1|| Rehaao ||	The true cleansing bath is service to the Guru. ||1||Pause||	ਗੁਰੂ ਦੇ ਦੱਸੇ ਰਾਹ ਉੱਤੇ ਤੁਰਨਾ ਹੀ ਅਸਲ (ਤੀਰਥ-) ਇਸ਼ਨਾਨ ਹੈ ॥੧॥ ਰਹਾਉ ॥
21919	484	ਜਲ ਕੈ ਮਜਨਿ ਜੇ ਗਤਿ ਹੋਵੈ ਨਿਤ ਨਿਤ ਮੇਂਡੁਕ ਨਾਵਹਿ॥	ਮੱਜਨਿ ਨ੍ਹਾਵਹਿ	Jal Kai Majan Jae Gath Hovai Nith Nith Maenadduk Naavehi ||	If salvation can be obtained by bathing in water, then what about the frog, which is always bathing in water?	ਪਾਣੀ ਵਿਚ ਚੁੱਭੀ ਲਾਇਆਂ ਜੇ ਮੁਕਤੀ ਮਿਲ ਸਕਦੀ ਹੋਵੇ ਤਾਂ ਡੱਡੂ ਸਦਾ ਹੀ ਨ੍ਹਾਉਂਦੇ ਹਨ।

21920	484	ਜੈਸੇ ਮੇਂਡੁਕ ਤੈਸੇ ਓਇ ਨਰ ਫਿਰਿ ਫਿਰਿ ਜੋਨੀ ਆਵਹਿ॥੨॥		Jaisae Maenadduk Thaisae Oue Nar Fir Fir Jonee Aavehi ||2||	As is the frog, so is that mortal; he is reincarnated, over and over again. ||2||	ਜਿਵੇਂ ਉਹ ਡੱਡੂ ਹਨ ਤਿਵੇਂ ਉਹ ਮਨੁੱਖ ਸਮਝੋ; (ਪਰ ਨਾਮ ਤੋਂ ਬਿਨਾ ਉਹ) ਸਦਾ ਜੂਨਾਂ ਵਿਚ ਪਏ ਰਹਿੰਦੇ ਹਨ ॥੨॥
21921	484	ਮਨਹੁ ਕਠੋਰੁ ਮਰੈ ਬਾਨਾਰਸਿ ਨਰਕੁ ਨ ਬਾਂਚਿਆ ਜਾਈ॥		Manahu Kathor Marai Baanaaras Narak N Baanchiaa Jaaee ||	If the hard-hearted sinner dies in Benaares, he cannot escape hell.	ਜੇ ਮਨੁੱਖ ਕਾਂਸ਼ੀ ਵਿਚ ਸਰੀਰ ਤਿਆਗੇ, ਪਰ ਮਨੋਂ ਰਹੇ ਕਠੋਰ, ਇਸ ਤਰ੍ਹਾਂ ਉਸ ਦਾ ਨਰਕ (ਵਿਚ ਪੈਣਾ) ਛੁੱਟ ਨਹੀਂ ਸਕਦਾ।
21922	484	ਹਰਿ ਕਾ ਸੰਤੁ ਮਰੈ ਹਾੜੰਬੈ ਤ ਸਗਲੀ ਸੈਨ ਤਰਾਈ॥੩॥	(ਹਾੜੰਬੈ) ਮਗਹਰ ਚ। (ਸੈਨ) ਸੰਗੀ ਸਾਥੀ	Har Kaa Santh Marai Haarranbai Th Sagalee Sain Tharaaee ||3||	And even if the Lord's Saint dies in the cursed land of Haramba, still, he saves all his family. ||3||	(ਦੂਜੇ ਪਾਸੇ) ਪਰਮਾਤਮਾ ਦਾ ਭਗਤ ਮਗਹਰ ਦੀ ਸ੍ਰਾਪੀ ਹੋਈ ਧਰਤੀ ਵਿਚ ਭੀ ਜੇ ਜਾ ਮਰੇ, ਤਾਂ ਉਹ ਸਗੋਂ ਹੋਰ ਸਾਰੇ ਲੋਕਾਂ ਨੂੰ ਭੀ ਤਾਰ ਲੈਂਦਾ ਹੈ ॥੩॥
21923	484	ਦਿਨਸੁ ਨ ਰੈਨਿ ਬੇਦੁ ਨਹੀ ਸਾਸਤ੍ਰ ਤਹਾ ਬਸੈ ਨਿਰੰਕਾਰਾ॥		Dhinas N Rain Baedh Nehee Saasathr Thehaa Basai Nirankaaraa ||	Where there is neither day nor night, and neither Vedas nor Shaastras, there, the Formless Lord abides.	ਪਰਮਾਤਮਾ ਉੱਥੇ ਵੱਸਦਾ ਹੈ ਜਿੱਥੇ ਦਿਨ ਤੇ ਰਾਤ ਨਹੀਂ, ਜਿੱਥੇ ਵੇਦ ਨਹੀਂ, ਜਿੱਥੇ ਸ਼ਾਸਤ੍ਰ ਨਹੀਂ (ਭਾਵ, ਉਹ ਪ੍ਰਭੂ ਉਸ ਆਤਮਕ ਅਵਸਥਾ ਵਿਚ ਅੱਪੜਿਆਂ ਮਿਲਦਾ ਹੈ, ਜੋ ਆਤਮਕ ਅਵਸਥਾ ਕਿਸੇ ਖ਼ਾਸ ਸਮੇ ਦੀ ਮੁਥਾਜ ਨਹੀਂ, ਜੋ ਕਿਸੇ ਖ਼ਾਸ ਧਰਮ-ਪੁਸਤਕ ਦੀ ਮੁਥਾਜ ਨਹੀਂ)

21924	484	ਕਹਿ ਕਬੀਰ ਨਰ ਤਿਸਹਿ ਧਿਆਵਹੁ ਬਾਵਰਿਆ ਸੰਸਾਰਾ॥੪॥੪॥੩੭॥		Kehi Kabeer Nar Thisehi Dhhiaavahu Baavariaa Sansaaraa ||4||4||37||	Says Kabeer, meditate on Him, O mad-men of the world. ||4||4||37||	ਕਬੀਰ ਆਖਦਾ ਹੈ-ਹੇ ਮਨੁੱਖੋ! ਹੇ ਕਮਲੇ ਲੋਕੋ! ਉਸ ਪਰਮਾਤਮਾ ਨੂੰ ਹੀ ਸਿਮਰੋ ॥੪॥੪॥੩੭॥
21925	485	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru: Aasaa, :	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
21926	485	ਆਸਾ ਬਾਣੀ ਸ੍ਰੀ ਨਾਮਦੇਉ ਜੀ ਕੀ॥		Aasaa Baanee Sree Naamadhaeo Jee Kee||	The Word Of The Reverend Naam Dayv Jee	ਰਾਗ ਆਸਾ ਵਿੱਚ ਭਗਤ ਨਾਮਦੇਵ ਜੀ ਦੀ ਬਾਣੀ।
21927	485	ਏਕ ਅਨੇਕ ਬਿਆਪਕ ਪੂਰਕ ਜਤ ਦੇਖਉ ਤਤ ਸੋਈ॥	(ਪੂਰਕ) ਭਰਪੂਰ	Eaek Anaek Biaapak Poorak Jath Dhaekho Thath Soee ||	In the one and in the many, He is pervading and permeating; wherever I look, there He is.	ਇੱਕ ਪਰਮਾਤਮਾ ਅਨੇਕ ਰੂਪ ਧਾਰ ਕੇ ਹਰ ਥਾਂ ਮੌਜੂਦ ਹੈ ਤੇ ਭਰਪੂਰ ਹੈ; ਮੈਂ ਜਿੱਧਰ ਤੱਕਦਾ ਹਾਂ, ਉਹ ਪਰਮਾਤਮਾ ਹੀ ਮੌਜੂਦ ਹੈ।
21928	485	ਮਾਇਆ ਚਿਤ੍ਰ ਬਚਿਤ੍ਰ ਬਿਮੋਹਿਤ ਬਿਰਲਾ ਬੂਝੈ ਕੋਈ॥੧॥	(ਚਿੱਤ੍ਰ) ਨਕਸ਼ (ਬ-ਚਿੱਤ੍ਰ) ਸੁੰਦਰ। (ਬਿ-ਮੋਹਿਤ) ਮੋਹਿਆ	Maaeiaa Chithr Bachithr Bimohith Biralaa Boojhai Koee ||1||	The marvellous image of Maya is so fascinating; how few understand this. ||1||	ਪਰ (ਇਸ ਭੇਤ ਨੂੰ) ਕੋਈ ਵਿਰਲਾ ਬੰਦਾ ਸਮਝਦਾ ਹੈ, ਕਿਉਂਕਿ ਜੀਵ ਆਮ ਤੌਰ ਤੇ ਮਾਇਆ ਦੇ ਰੰਗਾ-ਰੰਗ ਦੇ ਰੂਪਾਂ ਵਿਚ ਚੰਗੀ ਤਰ੍ਹਾਂ ਮੋਹੇ ਪਏ ਹਨ ॥੧॥

21929	485	ਸਭੁ ਗੋਬਿੰਦੁ ਹੈ ਸਭੁ ਗੋਬਿੰਦੁ ਹੈ ਗੋਬਿੰਦ ਬਿਨੁ ਨਹੀ ਕੋਈ॥		Sabh Gobindh Hai Sabh Gobindh Hai Gobindh Bin Nehee Koee ||	God is everything, God is everything. Without God, there is nothing at all.	ਹਰ ਥਾਂ ਪਰਮਾਤਮਾ ਹੈ, ਹਰ ਥਾਂ ਪਰਮਾਤਮਾ ਹੈ, ਪਰਮਾਤਮਾ ਤੋਂ ਸੱਖਣੀ ਕੋਈ ਥਾਂ ਨਹੀਂ;
21930	485	ਸੂਤੁ ਏਕੁ ਮਣਿ ਸਤ ਸਹੰਸ ਜੈਸੇ ਓਤਿ ਪੋਤਿ ਪ੍ਰਭੁ ਸੋਈ॥੧॥ਰਹਾਉ॥	(ਮਣਿ)ਮਣਕੇ। (ਸੱਤ)ਸੈਂਕੜੇ। (ਸਹੰਸ)ਹਜ਼ਾਰ	Sooth Eaek Man Sath Sehans Jaisae Outh Poth Prabh Soee ||1|| Rehaao ||	As one thread holds hundreds and thousands of beads, He is woven into His creation. ||1||Pause||	ਜਿਵੇਂ ਇੱਕ ਧਾਗਾ ਹੋਵੇ ਤੇ (ਉਸ ਵਿਚ) ਸੈਂਕੜੇ ਹਜ਼ਾਰਾਂ ਮਣਕੇ (ਪ੍ਰੋਤੇ ਹੋਏ ਹੋਣ) (ਇਸੇ ਤਰ੍ਹਾਂ ਸਭ ਜੀਵਾਂ ਵਿਚ ਪਰਮਾਤਮਾ ਦੀ ਹੀ ਜੀਵਨ-ਸੱਤਾ ਮਿਲੀ ਹੋਈ ਹੈ, ਜਿਵੇਂ) ਤਾਣੇ-ਪੇਟੇ ਵਿਚ (ਧਾਗੇ ਮਿਲੇ ਹੋਏ ਹਨ, ਤਿਵੇਂ) ਉਹੀ ਪਰਮਾਤਮਾ (ਸਭ ਵਿਚ ਮਿਲਿਆ ਹੋਇਆ) ਹੈ ॥੧॥ ਰਹਾਉ ॥
21931	485	ਜਲ ਤਰੰਗ ਅਰੁ ਫੇਨ ਬੁਦਬੁਦਾ ਜਲ ਤੇ ਭਿੰਨ ਨ ਹੋਈ॥	(ਫੇਨ) ਝੱਗ	Jal Tharang Ar Faen Budhabudhaa Jal Thae Bhinn N Hoee ||	The waves of the water, the foam and bubbles, are not distinct from the water.	ਪਾਣੀ ਦੀਆਂ ਠਿੱਲ੍ਹਾਂ, ਝੱਗ ਅਤੇ ਬੁਲਬੁਲੇ-ਇਹ ਸਾਰੇ ਪਾਣੀ ਤੋਂ ਵੱਖਰੇ ਨਹੀਂ ਹੁੰਦੇ,
21932	485	ਇਹੁ ਪਰਪੰਚੁ ਪਾਰਬ੍ਰਹਮ ਕੀ ਲੀਲਾ ਬਿਚਰਤ ਆਨ ਨ ਹੋਈ॥੨॥	(ਪਰਪੰਚੁ) ਸੰਸਾਰ ਤਮਾਸ਼ਾ। (ਬਿਚਰਤ) ਵਿਚਾਰਿਆਂ। (ਆਨ) ਵੱਖਰਾ	Eihu Parapanch Paarabreham Kee Leelaa Bicharath Aan N Hoee ||2||	This manifested world is the playful game of the Supreme Lord God; reflecting upon it, we find that it is not different from Him. ||2||	ਤਿਵੇਂ ਹੀ ਇਹ ਦਿੱਸਦਾ ਤਮਾਸ਼ਾ-ਰੂਪ ਜਗਤ ਪਰਮਾਤਮਾ ਦੀ ਰਚੀ ਹੋਈ ਖੇਡ ਹੈ, ਗਹੁ ਨਾਲ ਸੋਚਿਆਂ (ਇਹ ਸਮਝ ਆ ਜਾਂਦੀ ਹੈ ਕਿ ਇਹ ਉਸ ਤੋਂ) ਵੱਖਰਾ ਨਹੀਂ ਹੈ ॥੨॥

21933	485	ਮਿਥਿਆ ਭਰਮੁ ਅਰੁ ਸੁਪਨ ਮਨੋਰਥ ਸਤਿ ਪਦਾਰਥੁ ਜਾਨਿਆ॥	(ਮਿਥਿਆ) ਝੂਠਾ। (ਮਨੋਰਥ) ਸੰਕਲਪ	Mithhiaa Bharam Ar Supan Manorathh Sath Padhaarathh Jaaniaa ||	False doubts and dream objects - man believes them to be true.	(ਇਹ ਪਰਪੰਚ ਵੇਖ ਕੇ ਜੀਵਾਂ ਨੂੰ) ਗ਼ਲਤ ਖ਼ਿਆਲ ਬਣ ਗਿਆ ਹੈ (ਕਿ ਇਸ ਦਾ ਅਸਾਡਾ ਸਾਥ ਪੱਕਾ ਨਿਭਣ ਵਾਲਾ ਹੈ); ਇਹ ਪਦਾਰਥ ਇਉਂ ਹੀ ਹਨ ਜਿਵੇਂ ਸੁਪਨੇ ਵਿਚ ਵੇਖੇ ਹੋਏ ਪਦਾਰਥ; ਪਰ ਜੀਵਾਂ ਨੇ ਇਹਨਾਂ ਨੂੰ ਸਦਾ (ਆਪਣੇ ਨਾਲ) ਟਿਕੇ ਰਹਿਣ ਵਾਲੇ ਸਮਝ ਲਿਆ ਹੈ।
21934	485	ਸੁਕ੍ਰਿਤ ਮਨਸਾ ਗੁਰ ਉਪਦੇਸੀ ਜਾਗਤ ਹੀ ਮਨੁ ਮਾਨਿਆ॥੩॥	(ਸੁਕ੍ਰਿਤ) ਸ਼ੁਭ ਕਰਮਾਂ ਦੀ (ਮਨਸਾ) ਸਮਝ	Sukirath Manasaa Gur Oupadhaesee Jaagath Hee Man Maaniaa ||3||	The Guru has instructed me to try to do good deeds, and my awakened mind has accepted this. ||3||	ਜਿਸ ਮਨੁੱਖ ਨੂੰ ਸਤਿਗੁਰੂ ਭਲੀ ਸਮਝ ਬਖ਼ਸ਼ਦਾ ਹੈ ਉਹ ਇਸ ਵਹਿਮ ਵਿਚੋਂ ਜਾਗ ਪੈਂਦਾ ਹੈ ਤੇ ਉਸ ਦੇ ਮਨ ਨੂੰ ਤਸੱਲੀ ਆ ਜਾਂਦੀ ਹੈ (ਕਿ ਆਸਾਡਾ ਤੇ ਇਹਨਾਂ ਪਦਾਰਥਾਂ ਦਾ ਸਾਥ ਸਦਾ ਲਈ ਨਹੀਂ ਹੈ) ॥੩॥
21935	485	ਕਹਤ ਨਾਮਦੇਉ ਹਰਿ ਕੀ ਰਚਨਾ ਦੇਖਹੁ ਰਿਦੈ ਬੀਚਾਰੀ॥		Kehath Naamadhaeo Har Kee Rachanaa Dhaekhahu Ridhai Beechaaree ||	Says Naam Dayv, see the Creation of the Lord, and reflect upon it in your heart.	ਨਾਮਦੇਵ ਆਖਦਾ ਹੈ: ਆਪਣੇ ਹਿਰਦੇ ਵਿਚ ਵਿਚਾਰ ਕੇ ਵੇਖ ਲਵੋ ਕਿ ਇਹ ਪਰਮਾਤਮਾ ਦੀ ਰਚੀ ਹੋਈ ਖੇਡ ਹੈ।
21936	485	ਘਟ ਘਟ ਅੰਤਰਿ ਸਰਬ ਨਿਰੰਤਰਿ ਕੇਵਲ ਏਕ ਮੁਰਾਰੀ॥੪॥੧॥	(ਨਿਰੰਤਰਿ) ਇੱਕਰਸ	Ghatt Ghatt Anthar Sarab Niranthar Kaeval Eaek Muraaree ||4||1||	In each and every heart, and deep within the very nucleus of all, is the One Lord. ||4||1||	ਇਸ ਵਿਚ ਹਰੇਕ ਘਟ ਅੰਦਰ ਹਰ ਥਾਂ ਸਿਰਫ਼ ਇੱਕ ਪਰਮਾਤਮਾ ਹੀ ਵੱਸਦਾ ਹੈ ॥੪॥੧॥

21937	485	ਆਸਾ॥	(ਆਨੀ-ਲੇ) ਲਿਆਂਦਾ। (ਊਦਕ) ਪਾਣੀ। ਭਰਾਈ-ਲੇ	Aasaa ||	Aasaa:	
21938	485	ਆਨੀਲੇ ਕੁੰਭ ਭਰਾਈਲੇ ਊਦਕ ਠਾਕੁਰ ਕਉ ਇਸਨਾਨੁ ਕਰਉ॥		Aaneelae Kunbh Bharaaeelae Oodhak Thaakur Ko Eisanaan Karo ||	Bringing the pitcher, I fill it with water, to bathe the Lord.	ਘੜਾ ਲਿਆ ਕੇ (ਉਸ ਵਿਚ) ਪਾਣੀ ਭਰਾ ਕੇ (ਜੇ) ਮੈਂ ਮੂਰਤੀ ਨੂੰ ਇਸ਼ਨਾਨ ਕਰਾਵਾਂ (ਤਾਂ ਉਹ ਇਸ਼ਨਾਨ ਪਰਵਾਨ ਨਹੀਂ, ਪਾਣੀ ਜੂਠਾ ਹੈ, ਕਿਉਂਕਿ)
21939	485	ਬਇਆਲੀਸ ਲਖ ਜੀ ਜਲ ਮਹਿ ਹੋਤੇ ਬੀਠਲੁ ਭੈਲਾ ਕਾਇ ਕਰਉ॥੧॥	ਬ- ਇਆਲੀਸ। ਲੱਖ। (ਭੇਲਾ) ਵਸਦੇ। ਭੇਲਾ:ਪੋਲਾ ਬੋਲੋ	Baeiaalees Lakh Jee Jal Mehi Hothae Beethal Bhailaa Kaae Karo ||1||	But 4.2 million species of beings are in the water - how can I use it for the Lord, O Siblings of Destiny? ||1||	ਪਾਣੀ ਵਿਚ ਬਿਤਾਲੀ ਲੱਖ (ਜੂਨਾਂ ਦੇ) ਜੀਵ ਰਹਿੰਦੇ ਹਨ। (ਪਰ ਮੇਰਾ) ਨਿਰਲੇਪ ਪ੍ਰਭੂ ਤਾਂ ਪਹਿਲਾਂ ਹੀ (ਉਹਨਾਂ ਜੀਵਾਂ ਵਿਚ) ਵੱਸਦਾ ਸੀ (ਤੇ ਇਸ਼ਨਾਨ ਕਰ ਰਿਹਾ ਸੀ; ਤਾਂ ਫਿਰ ਮੂਰਤੀ ਨੂੰ) ਮੈਂ ਕਾਹਦੇ ਲਈ ਇਸ਼ਨਾਨ ਕਰਾਵਾਂ? ॥੧॥
21940	485	ਜਤ੍ਰ ਜਾਉ ਤਤ ਬੀਠਲੁ ਭੈਲਾ॥		Jathr Jaao Thath Beethal Bhailaa ||	Wherever I go, the Lord is there.	ਮੈਂ ਜਿੱਧਰ ਜਾਂਦਾ ਹਾਂ, ਉੱਧਰ ਹੀ ਨਿਰਲੇਪ ਪ੍ਰਭੂ ਮੌਜੂਦ ਹੈ।
21941	485	ਮਹਾ ਅਨੰਦ ਕਰੇ ਸਦ ਕੇਲਾ॥੧॥ਰਹਾਉ॥	(ਕੇਲਾ)ਚੋਜ਼ ਕੌਤਕ	Mehaa Anandh Karae Sadh Kaelaa ||1|| Rehaao ||	He continually plays in supreme bliss. ||1||Pause||	(ਸਭ ਜੀਵਾਂ ਵਿਚ ਵਿਆਪਕ ਹੋ ਕੇ) ਬੜੇ ਅਨੰਦ ਚੋਜ ਤਮਾਸ਼ੇ ਕਰ ਰਿਹਾ ਹੈ ॥੧॥ ਰਹਾਉ ॥

21942	485	ਆਨੀਲੇ ਫੂਲ ਪਰੋਈਲੇ ਮਾਲਾ ਠਾਕੁਰ ਕੀ ਹਉ ਪੂਜ ਕਰਉ॥		Aaneelae Fool Paroeelae Maalaa Thaakur Kee Ho Pooj Karo ||	I bring flowers to weave a garland, in worshipful adoration of the Lord.	ਫੁੱਲ ਲਿਆ ਕੇ ਤੇ ਮਾਲਾ ਪ੍ਰੋ ਕੇ ਜੇ ਮੈਂ ਮੂਰਤੀ ਦੀ ਪੂਜਾ ਕਰਾਂ,
21943	485	ਪਹਿਲੇ ਬਾਸੁ ਲਈ ਹੈ ਭਵਰਹ ਬੀਠਲ ਭੈਲਾ ਕਾਇ ਕਰਉ॥੨॥	(ਭਵਰਹ) ਭੌਰੇ ਨੇ	Pehilae Baas Lee Hai Bhavareh Beethal Bhailaa Kaae Karo ||2||	But the bumble bee has already sucked out the fragrance - how can I use it for the Lord, O Siblings of Destiny? ||2||	(ਤਾਂ ਉਹ ਫੁੱਲ ਜੂਠੇ ਹੋਣ ਕਰ ਕੇ ਉਹ ਪੂਜਾ ਪਰਵਾਨ ਨਹੀਂ, ਕਿਉਂਕਿ ਉਹਨਾਂ ਫੁੱਲਾਂ ਦੀ) ਸੁਗੰਧੀ ਪਹਿਲਾਂ ਭੌਰੇ ਨੇ ਲੈ ਲਈ; (ਪਰ ਮੇਰਾ) ਬੀਠਲ ਤਾਂ ਪਹਿਲਾਂ ਹੀ (ਉਸ ਭੌਰੇ ਵਿਚ) ਵੱਸਦਾ ਸੀ (ਤੇ ਸੁਗੰਧੀ ਲੈ ਰਿਹਾ ਸੀ, ਤਾਂ ਫਿਰ ਇਹਨਾਂ ਫੁੱਲਾਂ ਨਾਲ) ਮੂਰਤੀ ਦੀ ਪੂਜਾ ਮੈਂ ਕਾਹਦੇ ਲਈ ਕਰਾਂ? ॥੨॥
21944	485	ਆਨੀਲੇ ਦੂਧੁ ਰੀਧਾਈਲੇ ਖੀਰੰ ਠਾਕੁਰ ਕਉ ਨੈਵੇਦੁ ਕਰਉ॥	(ਨੈ-ਵੇਦੁ)ਮਿੱਠੇ ਭੋਜਨ	Aaneelae Dhoodhh Reedhhaaeelae Kheeran Thaakur Ko Naivaedh Karo ||	I carry milk and cook it to make pudding, with which to feed the Lord.	ਦੁੱਧ ਲਿਆ ਕੇ ਖੀਰ ਰਿੰਨ੍ਹਾ ਕੇ ਜੇ ਮੈਂ ਇਹ ਖਾਣ ਵਾਲਾ ਉੱਤਮ ਪਦਾਰਥ ਮੂਰਤੀ ਅੱਗੇ ਭੇਟ ਰੱਖਾਂ,

21945	485	ਪਹਿਲੇ ਦੂਧੁ ਬਿਟਾਰਿਓ ਬਛਰੈ ਬੀਠਲੁ ਭੈਲਾ ਕਾਇ ਕਰਉ॥੩॥	(ਬਿਟਾਰਿਓ) ਜੂਠਾ ਕੀਤਾ	Pehilae Dhoodhh Bittaariou Bashharai Beethal Bhailaa Kaae Karo ||3||	But the calf has already tasted the milk - how can I use it for the Lord, O Siblings of Destiny? ||3||	(ਤਾਂ ਦੁੱਧ ਜੂਠਾ ਹੋਣ ਕਰ ਕੇ ਭੋਜਨ ਪਰਵਾਨ ਨਹੀਂ, ਕਿਉਂਕਿ ਚੋਣ ਵੇਲੇ) ਪਹਿਲਾਂ ਵੱਛੇ ਨੇ ਦੁੱਧ ਜੂਠਾ ਕਰ ਦਿੱਤਾ ਸੀ; (ਪਰ ਮੇਰਾ) ਬੀਠਲ ਤਾਂ ਪਹਿਲਾਂ ਹੀ (ਉਸ ਵੱਛੇ ਵਿਚ) ਵੱਸਦਾ ਸੀ (ਤੇ ਦੁੱਧ ਪੀ ਰਿਹਾ ਸੀ, ਤਾਂ ਇਸ ਮੂਰਤੀ ਅੱਗੇ) ਮੈਂ ਕਿਉਂ ਨੈਵੇਦ ਭੇਟ ਧਰਾਂ? ॥੩॥
21946	485	ਈਭੈ ਬੀਠਲੁ ਊਭੈ ਬੀਠਲੁ ਬੀਠਲ ਬਿਨੁ ਸੰਸਾਰੁ ਨਹੀ॥	(ਈਭੈ) ਇੱਥੇ, (ਊਭੈ) ਉੱਥੇ ਹਰ ਥਾਂ	Eebhai Beethal Oobhai Beethal Beethal Bin Sansaar Nehee ||	The Lord is here, the Lord is there; without the Lord, there is no world at all.	(ਜਗਤ ਵਿਚ) ਹੇਠਾਂ ਉਤਾਂਹ (ਹਰ ਥਾਂ) ਬੀਠਲ ਹੀ ਬੀਠਲ ਹੈ, ਬੀਠਲ ਤੋਂ ਸੱਖਣਾ ਜਗਤ ਰਹਿ ਹੀ ਨਹੀਂ ਸਕਦਾ।
21947	485	ਥਾਨ ਥਨੰਤਰਿ ਨਾਮਾ ਪ੍ਰਣਵੈ ਪੂਰਿ ਰਹਿਓ ਤੂੰ ਸਰਬ ਮਹੀ॥੪॥੨॥	(ਥਨੰਤਰਿ) ਥਾਂ ਅੰਦਰ। (ਪ੍ਰਣਵੈ) ਬੇਨਤੀ ਕਰਦੇ	Thhaan Thhananthar Naamaa Pranavai Poor Rehiou Thoon Sarab Mehee ||4||2||	Prays Naam Dayv, O Lord, You are totally permeating and pervading all places and interspaces. ||4||2||	ਨਾਮਦੇਵ ਉਸ ਬੀਠਲ ਅੱਗੇ ਬੇਨਤੀ ਕਰਦਾ ਹੈ-(ਹੇ ਬੀਠਲ!) ਤੂੰ ਸਾਰੀ ਸ੍ਰਿਸ਼ਟੀ ਵਿਚ ਹਰ ਥਾਂ ਵਿਚ ਭਰਪੂਰ ਹੈਂ ॥੪॥੨॥
21948	485	ਆਸਾ॥		Aasaa ||	Aasaa:	
21949	485	ਮਨੁ ਮੇਰੋ ਗਜੁ ਜਿਹਬਾ ਮੇਰੀ ਕਾਤੀ॥	(ਗਜੁ) ਕੱਪੜਾ ਮਿਣਨ ਵਾਲਾ। (ਕਾਤੀ) ਕੈਂਚੀ	Man Maero Gaj Jihabaa Maeree Kaathee ||	My mind is the yardstick, and my tongue is the scissors.	ਮੇਰਾ ਮਨ ਗਜ਼ (ਬਣ ਗਿਆ ਹੈ), ਮੇਰੀ ਜੀਭ ਕੈਂਚੀ (ਬਣ ਗਈ ਹੈ),

21950	485	ਮਪਿ ਮਪਿ ਕਾਟਉ ਜਮ ਕੀ ਫਾਸੀ॥੧॥	(ਮਪਿ)ਮਿਣ ਮਿਣ ਕੇ	Map Map Kaatto Jam Kee Faasee ||1||	I measure it out and cut off the noose of death. ||1||	(ਪ੍ਰਭੂ ਦੇ ਨਾਮ ਨੂੰ ਮਨ ਵਿਚ ਵਸਾ ਕੇ ਤੇ ਜੀਭ ਨਾਲ ਜਪ ਕੇ) ਮੈਂ (ਆਪਣੇ ਮਨ-ਰੂਪ ਗਜ਼ ਨਾਲ) ਕੱਛ ਕੱਛ ਕੇ (ਜੀਭ-ਕੈਂਚੀ ਨਾਲ) ਮੌਤ ਦੇ ਡਰ ਦੀ ਫਾਹੀ ਕੱਟੀ ਜਾ ਰਿਹਾ ਹਾਂ ॥੧॥
21951	485	ਕਹਾ ਕਰਉ ਜਾਤੀ ਕਹ ਕਰਉ ਪਾਤੀ॥	(ਜਾੱਤੀ) ਜਾਤ। (ਪਾਤੀ) ਸ਼੍ਰੇਣੀ, ਕੁਲ	Kehaa Karo Jaathee Keh Karo Paathee ||	What do I have to do with social status? What do I have to with ancestry?	ਮੈਨੂੰ ਹੁਣ ਕਿਸੇ (ਉੱਚੀ-ਨੀਵੀਂ) ਜ਼ਾਤ-ਗੋਤ ਦੀ ਪਰਵਾਹ ਨਹੀਂ ਰਹੀ,
21952	485	ਰਾਮ ਕੋ ਨਾਮੁ ਜਪਉ ਦਿਨ ਰਾਤੀ॥੧॥ਰਹਾਉ॥		Raam Ko Naam Japo Dhin Raathee ||1|| Rehaao ||	I meditate on the Name of the Lord, day and night. ||1||Pause||	ਕਿਉਂਕਿ ਮੈਂ ਦਿਨ ਰਾਤ ਪਰਮਾਤਮਾ ਦਾ ਨਾਮ ਸਿਮਰਦਾ ਹਾਂ ॥੧॥ ਰਹਾਉ ॥
21953	485	ਰਾਂਗਨਿ ਰਾਂਗਉ ਸੀਵਨਿ ਸੀਵਉ॥		Raangan Raango Seevan Seevo ||	I dye myself in the color of the Lord, and sew what has to be sewn.	(ਇਸ ਸਰੀਰ) ਮੱਟੀ ਵਿਚ ਮੈਂ (ਆਪਣੇ ਆਪ ਨੂੰ ਨਾਮ ਨਾਲ) ਰੰਗ ਰਿਹਾ ਹਾਂ ਤੇ ਪ੍ਰਭੂ ਦੇ ਨਾਮ ਦੀ ਸੀਊਣ ਸੀਊਂ ਰਿਹਾ ਹਾਂ,
21954	485	ਰਾਮ ਨਾਮ ਬਿਨੁ ਘਰੀਅ ਨ ਜੀਵਉ॥੨॥		Raam Naam Bin Ghareea N Jeevo ||2||	Without the Lord's Name, I cannot live, even for a moment. ||2||	ਪਰਮਾਤਮਾ ਦੇ ਨਾਮ ਤੋਂ ਬਿਨਾ ਮੈਂ ਇਕ ਘੜੀ ਭਰ ਭੀ ਨਹੀਂ ਜੀਉ ਸਕਦਾ ॥੨॥

21955	485	ਭਗਤਿ ਕਰਉ ਹਰਿ ਕੇ ਗੁਨ ਗਾਵਉ॥		Bhagath Karo Har Kae Gun Gaavo ||	I perform devotional worship, and sing the Glorious Praises of the Lord.	ਮੈਂ ਪ੍ਰਭੂ ਦੀ ਭਗਤੀ ਕਰ ਰਿਹਾ ਹਾਂ, ਹਰੀ ਦੇ ਗੁਣ ਗਾ ਰਿਹਾ ਹਾਂ,
21956	485	ਆਠ ਪਹਰ ਅਪਨਾ ਖਸਮੁ ਧਿਆਵਉ॥੩॥		Aath Pehar Apanaa Khasam Dhhiaavo ||3||	Twenty-four hours a day, I meditate on my Lord and Master. ||3||	ਅੱਠੇ ਪਹਿਰ ਆਪਣੇ ਖਸਮ-ਪ੍ਰਭੂ ਨੂੰ ਯਾਦ ਕਰ ਰਿਹਾ ਹਾਂ ॥੩॥
21957	485	ਸੁਇਨੇ ਕੀ ਸੂਈ ਰੁਪੇ ਕਾ ਧਾਗਾ॥	ਰੁੱਪੇ	Sueinae Kee Sooee Rupae Kaa Dhhaagaa ||	My needle is gold, and my thread is silver.	ਮੈਨੂੰ (ਗੁਰੂ ਦਾ ਸ਼ਬਦ) ਸੋਨੇ ਦੀ ਸੂਈ ਮਿਲ ਗਈ ਹੈ, (ਉਸ ਦੀ ਬਰਕਤ ਨਾਲ ਮੇਰੀ ਸੁਰਤ ਸ਼ੁੱਧ ਨਿਰਮਲ ਹੋ ਗਈ ਹੈ, ਇਹ, ਮਾਨੋ, ਮੇਰੇ ਪਾਸ) ਚਾਂਦੀ ਦਾ ਧਾਗਾ ਹੈ;
21958	485	ਨਾਮੇ ਕਾ ਚਿਤੁ ਹਰਿ ਸਉ ਲਾਗਾ॥੪॥੩॥		Naamae Kaa Chith Har So Laagaa ||4||3||	Naam Dayv's mind is attached to the Lord. ||4||3||	(ਇਹ ਸੂਈ ਧਾਗੇ ਨਾਲ) ਮੈਂ ਨਾਮੇ ਦਾ ਮਨ ਪ੍ਰਭੂ ਦੇ ਨਾਲ ਸੀਤਾ ਗਿਆ ਹੈ ॥੪॥੩॥
21959	485	ਆਸਾ॥		Aasaa ||	Aasaa:	
21960	485	ਸਾਪੁ ਕੁੰਚ ਛੋਡੈ ਬਿਖੁ ਨਹੀ ਛਾਡੈ॥		Saap Kunch Shhoddai Bikh Nehee Shhaaddai ||	The snake sheds its skin, but does not lose its venom.	ਸੱਪ ਕੁੰਜ ਲਾਹ ਦੇਂਦਾ ਹੈ ਪਰ (ਅੰਦਰੋਂ) ਜ਼ਹਿਰ ਨਹੀਂ ਛੱਡਦਾ;

21961	485	ਉਦਕ ਮਾਹਿ ਜੈਸੇ ਬਗੁ ਧਿਆਨੁ ਮਾਡੈ॥੧॥	(ਉਦਕ) ਪਾਣੀ। (ਬੱਗੁ) ਬਗਲਾ। (ਮਾਂਡੈ) ਲਗਾਏ	Oudhak Maahi Jaisae Bag Dhhiaan Maaddai ||1||	The heron appears to be meditating, but it is concentrating on the water. ||1||	ਪਾਣੀ ਵਿਚ (ਖਲੋ ਕੇ) ਜਿਵੇਂ ਬਗਲਾ ਸਮਾਧੀ ਲਾਂਦਾ ਹੈ (ਇਸ ਤਰ੍ਹਾਂ ਜੇ ਅੰਦਰ ਤ੍ਰਿਸ਼ਨਾ ਹੈ ਤਾਂ ਬਾਹਰੋਂ ਭੇਖ ਬਣਾਉਣ ਨਾਲ ਜਾਂ ਅੱਖਾਂ ਮੀਟਣ ਨਾਲ ਕੋਈ ਆਤਮਕ ਲਾਭ ਨਹੀਂ ਹੈ) ॥੧॥
21962	485	ਕਾਹੇ ਕਉ ਕੀਜੈ ਧਿਆਨੁ ਜਪੰਨਾ॥		Kaahae Ko Keejai Dhhiaan Japannaa ||	Why do you practice meditation and chanting,	ਤਦ ਤਕ ਸਮਾਧੀ ਲਾਣ ਜਾਂ ਜਾਪ ਕਰਨ ਦਾ ਕੀਹ ਲਾਭ ਹੈ?
21963	485	ਜਬ ਤੇ ਸੁਧੁ ਨਾਹੀ ਮਨੁ ਅਪਨਾ॥੧॥ਰਹਾਉ॥		Jab Thae Sudhh Naahee Man Apanaa ||1|| Rehaao ||	When your mind is not pure? ||1||Pause||	ਜਦ ਤਕ (ਅੰਦਰੋਂ) ਆਪਣਾ ਮਨ ਪਵਿੱਤਰ ਨਹੀਂ ਹੈ ॥੧॥ ਰਹਾਉ ॥
21964	485	ਸਿੰਘਚ ਭੋਜਨੁ ਜੋ ਨਰੁ ਜਾਨੈ॥	ਜੀਆਂ ਨੂੰ ਕੋਹ ਖੋਹ ਕੇ ਖਾਣਾ (ਸਿੰਘਚ)ਸ਼ੇਰ ਜੈਸਾ ਭੋਜਨ	Singhach Bhojan Jo Nar Jaanai ||	That man who feeds like a lion,	ਜੋ ਮਨੁੱਖ ਜ਼ੁਲਮ ਵਾਲੀ ਰੋਜ਼ੀ ਹੀ ਕਮਾਉਣੀ ਜਾਣਦਾ ਹੈ, (ਤੇ ਬਾਹਰੋਂ ਅੱਖਾਂ ਮੀਟਦਾ ਹੈ, ਜਿਵੇਂ ਸਮਾਧੀ ਲਾਈ ਬੈਠਾ ਹੈ)
21965	485	ਐਸੇ ਹੀ ਠਗ ਦੇਉ ਬਖਾਨੈ॥੨॥	ਠੱਗਾਂ ਦੇ (ਦੇਉ)ਪਿਉ ਵੱਡੇ ਠੱਗ	Aisae Hee Thagadhaeo Bakhaanai ||2||	Is called the god of thieves. ||2||	ਜਗਤ ਐਸੇ ਬੰਦੇ ਨੂੰ ਵੱਡੇ ਠੱਗ ਆਖਦਾ ਹੈ ॥੨॥
21966	485	ਨਾਮੇ ਕੇ ਸੁਆਮੀ ਲਾਹਿ ਲੇ ਝਗਰਾ॥		Naamae Kae Suaamee Laahi Lae Jhagaraa ||	Naam Dayv's Lord and Master has settled my inner conflicts.	ਹੇ ਨਾਮਦੇਵ! ਤੇਰੇ ਮਾਲਕ ਪ੍ਰਭੂ ਨੇ (ਤੇਰੇ ਅੰਦਰੋਂ ਇਹ ਪਖੰਡ ਵਾਲਾ) ਝਗੜਾ ਮੁਕਾ ਦਿੱਤਾ ਹੈ।

21967	486	ਰਾਮ ਰਸਾਇਨ ਪੀਉ ਰੇ ਦਗਰਾ॥੩॥੪॥	(ਦਗਰਾ)ਝਗੜਾਲੂ।	Raam Rasaaein Peeo Rae Dhagaraa ||3||4||	Drink in the sublime elixir of the Lord, O deceitful one. ||3||4||	ਹੇ ਕਠੋਰ-ਚਿੱਤ ਮਨੁੱਖ! ਪਰਮਾਤਮਾ ਦਾ ਨਾਮ-ਅੰਮ੍ਰਿਤ ਪੀ (ਅਤੇ ਪਖੰਡ ਛੱਡ) ॥੩॥੪॥
21968	486	ਆਸਾ॥		Aasaa ||	Aasaa:	
21969	486	ਪਾਰਬ੍ਰਹਮੁ ਜਿ ਚੀਨ੍ਸੀ ਆਸਾ ਤੇ ਨ ਭਾਵਸੀ॥	(ਜਿ) ਜੋ। (ਚੀਨ੍ਸੀ) ਪਛਾਣਦੇ। (ਤੇ)ਤਿਸ। (ਨ ਭਾਵਸੀ) ਨਹੀਂ ਚੰਗੀ ਲੱਗਦੀ	Paarabreham J Cheenhasee Aasaa Thae N Bhaavasee ||	One who recognizes the Supreme Lord God, dislikes other desires.	ਜੋ ਮਨੁੱਖ ਪਰਮਾਤਮਾ ਨਾਲ ਜਾਣ-ਪਛਾਣ ਪਾ ਲੈਂਦੇ ਹਨ, ਉਹਨਾਂ ਨੂੰ ਹੋਰ ਹੋਰ ਆਸਾਂ ਚੰਗੀਆਂ ਨਹੀਂ ਲੱਗਦੀਆਂ।
21970	486	ਰਾਮਾ ਭਗਤਹ ਚੇਤੀਅਲੇ ਅਚਿੰਤ ਮਨੁ ਰਾਖਸੀ॥੧॥	(ਚੇਤੀਅਲੇ) ਸਿਮਰਿਆ	Raamaa Bhagatheh Chaetheealae Achinth Man Raakhasee ||1||	He focuses his consciousness on the Lord's devotional worship, and keeps his mind free of anxiety. ||1||	ਜਿਨ੍ਹਾਂ ਸੰਤ ਜਨਾਂ ਨੇ ਪ੍ਰਭੂ ਨੂੰ ਸਿਮਰਿਆ ਹੈ, ਪ੍ਰਭੂ ਉਹਨਾਂ ਦੇ ਮਨ ਨੂੰ ਚਿੰਤਾ ਤੋਂ ਬਚਾਈ ਰੱਖਦਾ ਹੈ ॥੧॥
21971	486	ਕੈਸੇ ਮਨ ਤਰਹਿਗਾ ਰੇ ਸੰਸਾਰੁ ਸਾਗਰੁ ਬਿਖੈ ਕੋ ਬਨਾ॥	(ਬਿਖੈ) ਵਿਸ਼ੇ ਵਿਕਾਰਾਂ ਦਾ (ਬਨਾ) ਜੰਗਲ਼	Kaisae Man Tharehigaa Rae Sansaar Saagar Bikhai Ko Banaa ||	O my mind, how will you cross over the world-ocean, if you are filled with the water of corruption?	ਹੇ (ਮੇਰੇ) ਮਨ! ਸੰਸਾਰ-ਸਮੁੰਦਰ ਤੋਂ ਕਿਵੇਂ ਪਾਰ ਲੰਘੇਂਗਾ? ਇਸ (ਸੰਸਾਰ-ਸਮੁੰਦਰ) ਵਿਚ ਵਿਕਾਰਾਂ ਦਾ ਪਾਣੀ (ਭਰਿਆ ਪਿਆ) ਹੈ।
21972	486	ਝੂਠੀ ਮਾਇਆ ਦੇਖਿ ਕੈ ਭੂਲਾ ਰੇ ਮਨਾ॥੧॥ਰਹਾਉ॥		Jhoothee Maaeiaa Dhaekh Kai Bhoolaa Rae Manaa ||1|| Rehaao ||	Gazing upon the falseness of Maya, you have gone astray, O my mind. ||1||Pause||	ਹੇ ਮਨ! ਇਹ ਨਾਸਵੰਤ ਮਾਇਕ ਪਦਾਰਥ ਵੇਖ ਕੇ ਤੂੰ (ਪਰਮਾਤਮਾ ਵਲੋਂ) ਖੁੰਝ ਗਿਆ ਹੈਂ ॥੧॥ ਰਹਾਉ ॥

21973	486	ਛੀਪੇ ਕੇ ਘਰਿ ਜਨਮੁ ਦੈਲਾ ਗੁਰ ਉਪਦੇਸੁ ਭੈਲਾ॥	ਰਾਮਜੀ ਨੇ (ਦੈਲਾ) ਦਿਤਾ। (ਭੈਲਾ)ਭਲਾ ਪ੍ਰਾਪਤ	Shheepae Kae Ghar Janam Dhailaa Gur Oupadhaes Bhailaa ||	You have given me birth in the house of a calico-printer, but I have found the Teachings of the Guru.	ਮੈਨੂੰ ਨਾਮੇ ਨੂੰ (ਭਾਵੇਂ ਜੀਕਰ) ਛੀਬੇ ਦੇ ਘਰ ਜਨਮ ਦਿੱਤਾ, ਪਰ (ਉਸ ਦੀ ਮਿਹਰ ਨਾਲ) ਮੈਨੂੰ ਸਤਿਗੁਰੂ ਦਾ ਉਪਦੇਸ਼ ਮਿਲ ਗਿਆ;
21974	486	ਸੰਤਹ ਕੈ ਪਰਸਾਦਿ ਨਾਮਾ ਹਰਿ ਭੇਟੁਲਾ॥੨॥੫॥	(ਭੇਟੁਲਾ) ਮਿਲਾ	Santheh Kai Parasaadh Naamaa Har Bhaettulaa ||2||5||	By the Grace of the Saint, Naam Dayv has met the Lord. ||2||5||	ਹੁਣ ਸੰਤ ਜਨਾਂ ਦੀ ਕਿਰਪਾ ਨਾਲ ਮੈਨੂੰ (ਨਾਮੇ) ਨੂੰ ਰੱਬ ਮਿਲ ਪਿਆ ਹੈ ॥੨॥੫॥
21975	486	ਆਸਾ ਬਾਣੀ ਸ੍ਰੀ ਰਵਿਦਾਸ ਜੀਉ ਕੀ	(ਮ੍ਰਿਗ) ਹਿਰਨ। (ਮੀਨ) ਮੱਛੀ। (ਭ੍ਰਿੰਗ) ਭੌਰਾ। (ਪਤੰਗ) ਪਤੰਗਾ। (ਕੁੰਚਰ) ਹਾਥੀ	Aasaa Baanee Sree Ravidhaas Jeeo Kee	Aasaa, The Word Of The Reverend Ravi Daas Jee:	ਰਾਗ ਆਸਾ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ।
21976	486	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

21977	486	ਮ੍ਰਿਗ ਮੀਨ ਭ੍ਰਿੰਗ ਪਤੰਗ ਕੁੰਚਰ ਏਕ ਦੋਖ ਬਿਨਾਸ॥		Mrig Meen Bhring Pathang Kunchar Eaek Dhokh Binaas ||	The deer, the fish, the bumble bee, the moth and the elephant are destroyed, each for a single defect.	ਹਰਨ, ਮੱਛੀ, ਭੌਰਾ, ਭੰਬਟ, ਹਾਥੀ-ਇਕ ਇਕ ਐਬ ਦੇ ਕਾਰਨ ਇਹਨਾਂ ਦਾ ਨਾਸ ਹੋ ਜਾਂਦਾ ਹੈ, (ਹਰਨ ਨੂੰ ਘੰਡੇਹੇੜੇ ਦਾ ਨਾਦ ਸੁਣਨ ਦਾ ਰਸ; ਮੀਨ ਨੂੰ ਜੀਭ ਦਾ ਚਸਕਾ; ਭੌਰੇ ਨੂੰ ਫੁੱਲ ਸੁੰਘਣ ਦੀ ਬਾਣ; ਭੰਬਟ ਦਾ ਦੀਵੇ ਉੱਤੇ ਸੜ ਮਰਨਾ, ਅੱਖਾਂ ਨਾਲ ਵੇਖਣ ਦਾ ਚਸਕਾ; ਹਾਥੀ ਨੂੰ ਕਾਮ ਵਾਸ਼ਨਾ)
21978	486	ਪੰਚ ਦੋਖ ਅਸਾਧ ਜਾ ਮਹਿ ਤਾ ਕੀ ਕੇਤਕ ਆਸ॥੧॥	(ਅਸਾਧ) ਲਾਇਲਾਜ	Panch Dhokh Asaadhh Jaa Mehi Thaa Kee Kaethak Aas ||1||	So the one who is filled with the five incurable vices - what hope is there for him? ||1||	ਪਰ ਇਸ ਮਨੁੱਖ ਵਿਚ ਇਹ ਪੰਜੇ ਅਸਾਧ ਰੋਗ ਹਨ, ਇਸ ਦੇ ਬਚਣ ਦੀ ਕਦ ਤਕ ਆਸ ਹੋ ਸਕਦੀ ਹੈ? ॥੧॥
21979	486	ਮਾਧੋ ਅਬਿਦਿਆ ਹਿਤ ਕੀਨ॥	(ਹਿਤ) ਪਿਆਰ। ਅ-ਬਿੱਦਿਆ	Maadhho Abidhiaa Hith Keen ||	O Lord, he is in love with ignorance.	ਹੇ ਪ੍ਰਭੂ! ਜੀਵ ਅਗਿਆਨਤਾ ਨਾਲ ਪਿਆਰ ਕਰ ਰਹੇ ਹਨ;
21980	486	ਬਿਬੇਕ ਦੀਪ ਮਲੀਨ॥੧॥ਰਹਾਉ॥	(ਬਿਬੇਕ) ਸ਼ੁੱਧ ਵਿਚਾਰ	Bibaek Dheep Maleen ||1|| Rehaao ||	His lamp of clear wisdom has grown dim. ||1||Pause||	ਇਸ ਵਾਸਤੇ ਇਹਨਾਂ ਦੇ ਬਿਬੇਕ ਦਾ ਦੀਵਾ ਧੁੰਧਲਾ ਹੋ ਗਿਆ ਹੈ (ਭਾਵ, ਪਰਖ-ਹੀਣ ਹੋ ਰਹੇ ਹਨ, ਭਲੇ ਬੁਰੇ ਦੀ ਪਛਾਣ ਨਹੀਂ ਕਰਦੇ) ॥੧॥ ਰਹਾਉ ॥

21981	486	ਤ੍ਰਿਗਦ ਜੋਨਿ ਅਚੇਤ ਸੰਭਵ ਪੁੰਨ ਪਾਪ ਅਸੋਚ॥	(ਤ੍ਰਿਗਦ) ਟੇਢੀ ਚਾਲ ਵਾਲੀਆਂ, ਸੱਪ ਡੱਡੂ ਆਦਿ। (ਅਚੇਤ) ਬੇਸਮਝ। (ਅਸੋਚ) ਸੋਚ ਰਹਿਤ	Thrigadh Jon Achaeth Sanbhav Punn Paap Asoch ||	The creeping creatures live thoughtless lives, and cannot discriminate between good and evil.	ਪਸ਼ੂ ਆਦਿਕ ਟੇਢੀਆਂ ਜੂਨਾਂ ਦੇ ਜੀਵ ਵਿਚਾਰ-ਹੀਨ ਹਨ, ਉਹਨਾਂ ਦਾ ਪਾਪ ਪੁੰਨ ਵਲੋਂ ਬੇ-ਪਰਵਾਹ ਰਹਿਣਾ ਕੁਦਰਤੀ ਹੈ;
21982	486	ਮਾਨੁਖਾ ਅਵਤਾਰ ਦੁਲਭ ਤਿਹੀ ਸੰਗਤਿ ਪੋਚ॥੨॥	(ਪੋਚ) ਨੀਚ। ਦੁ-ਲੱਭ	Maanukhaa Avathaar Dhulabh Thihee Sangath Poch ||2||	It is so difficult to obtain this human incarnation, and yet, they keep company with the low. ||2||	ਪਰ ਮਨੁੱਖ ਨੂੰ ਇਹ ਜਨਮ ਮੁਸ਼ਕਲ ਨਾਲ ਮਿਲਿਆ ਹੈ, ਇਸ ਦੀ ਸੰਗਤਿ ਭੀ ਨੀਚ ਵਿਕਾਰਾਂ ਨਾਲ ਹੀ ਹੈ (ਇਸ ਨੂੰ ਤਾਂ ਸੋਚ ਕਰਨੀ ਚਾਹੀਦੀ ਸੀ) ॥੨॥
21983	486	ਜੀਅ ਜੰਤ ਜਹਾ ਜਹਾ ਲਗੁ ਕਰਮ ਕੇ ਬਸਿ ਜਾਇ॥		Jeea Janth Jehaa Jehaa Lag Karam Kae Bas Jaae ||	Wherever the beings and creatures are, they are born according to the karma of their past actions.	ਕੀਤੇ ਕਰਮਾਂ ਦੇ ਅਧੀਨ ਜਨਮ ਲੈ ਕੇ ਜੀਵ ਜਿਥੇ ਜਿਥੇ ਭੀ ਹਨ,
21984	486	ਕਾਲ ਫਾਸ ਅਬਧ ਲਾਗੇ ਕਛੁ ਨ ਚਲੈ ਉਪਾਇ॥੩॥	(ਅ-ਬਧ) ਬੇਰੋਕ। ਚੱਲੈ	Kaal Faas Abadhh Laagae Kashh N Chalai Oupaae ||3||	The noose of death is unforgiving, and it shall catch them; it cannot be warded off. ||3||	ਸਾਰੇ ਜੀਅ ਜੰਤਾਂ ਨੂੰ ਕਾਲ ਦੀ (ਆਤਮਕ ਮੌਤ ਦੀ) ਐਸੀ ਫਾਹੀ ਪਈ ਹੋਈ ਹੈ ਜੋ ਕੱਟੀ ਨਹੀਂ ਜਾ ਸਕਦੀ, ਇਹਨਾਂ ਦੀ ਕੁਝ ਪੇਸ਼ ਨਹੀਂ ਜਾਂਦੀ ॥੩॥

21985	486	ਰਵਿਦਾਸ ਦਾਸ ਉਦਾਸ ਤਜੁ ਭ੍ਰਮੁ ਤਪਨ ਤਪੁ ਗੁਰ ਗਿਆਨ॥	(ਤਪਨ) ਤਪਾਂ ਦਾ	Ravidhaas Dhaas Oudhaas Thaj Bhram Thapan Thap Gur Giaan ||	O servant Ravi Daas, dispel your sorrow and doubt, and know that Guru-given spiritual wisdom is the penance of penances.	ਹੇ ਰਵਿਦਾਸ! ਹੇ ਪ੍ਰਭੂ ਦੇ ਦਾਸ ਰਵਿਦਾਸ! ਤੂੰ ਤਾਂ ਵਿਕਾਰਾਂ ਦੇ ਮੋਹ ਵਿਚੋਂ ਨਿਕਲ; ਇਹ ਭਟਕਣਾ ਛੱਡ ਦੇਹ, ਸਤਿਗੁਰੂ ਦਾ ਗਿਆਨ ਕਮਾ, ਇਹੀ ਤਪਾਂ ਦਾ ਤਪ ਹੈ।
21986	486	ਭਗਤ ਜਨ ਭੈ ਹਰਨ ਪਰਮਾਨੰਦ ਕਰਹੁ ਨਿਦਾਨ॥੪॥੧॥	(ਨਿਦਾਨ) ਅੰਤ ਨੂੰ, ਬੇਸਮਝ	Bhagath Jan Bhai Haran Paramaanandh Karahu Nidhaan ||4||1||	O Lord, Destroyer of the fears of Your humble devotees, make me supremely blissful in the end. ||4||1||	ਭਗਤ ਜਨਾਂ ਦੇ ਭੈ ਦੂਰ ਕਰਨ ਵਾਲੇ ਹੇ ਪ੍ਰਭੂ! ਆਖ਼ਰ ਮੈਨੂੰ ਰਵਿਦਾਸ ਨੂੰ ਭੀ (ਆਪਣੇ ਪਿਆਰ ਦਾ) ਪਰਮ ਅਨੰਦ ਬਖ਼ਸ਼ੋ (ਮੈਂ ਤੇਰੀ ਸਰਨ ਆਇਆ ਹਾਂ) ॥੪॥੧॥
21987	486	ਆਸਾ॥		Aasaa ||	Aasaa:	
21988	486	ਸੰਤ ਤੁਝੀ ਤਨੁ ਸੰਗਤਿ ਪ੍ਰਾਨ॥	(ਤੁਝੀ)ਆਪਜੀ ਦੇ। (ਤਨੁ)ਪਿਆਰੇ ਸਪੁੱਤ੍ਰ, ਸਰੂਪ	Santh Thujhee Than Sangath Praan ||	Your Saints are Your body, and their company is Your breath of life.	ਹੇ ਦੇਵਾਂ ਦੇ ਦੇਵ ਪ੍ਰਭੂ! ਸੰਤ ਤੇਰਾ ਹੀ ਰੂਪ ਹਨ, ਸੰਤਾਂ ਦੀ ਸੰਗਤਿ ਤੇਰੀ ਜਿੰਦ-ਜਾਨ ਹੈ।
21989	486	ਸਤਿਗੁਰ ਗਿਆਨ ਜਾਨੈ ਸੰਤ ਦੇਵਾ ਦੇਵ॥੧॥		Sathigur Giaan Jaanai Santh Dhaevaa Dhaev ||1||	By the True Guru-given spiritual wisdom, I know the Saints as the gods of gods. ||1||	ਸਤਿਗੁਰੂ ਦੀ ਮੱਤ ਲੈ ਕੇ ਸੰਤਾਂ (ਦੀ ਵਡਿਆਈ) ਨੂੰ (ਮਨੁੱਖ) ਸਮਝ ਲੈਂਦਾ ਹੈ ॥੧॥
21990	486	ਸੰਤ ਚੀ ਸੰਗਤਿ ਸੰਤ ਕਥਾ ਰਸੁ॥	(ਚੀ)ਦੀ	Santh Chee Sangath Santh Kathhaa Ras ||	O Lord, God of gods, grant me the Society of the Saints,	ਹੇ ਦੇਵਤਿਆਂ ਦੇ ਦੇਵਤੇ ਪ੍ਰਭੂ! ਮੈਨੂੰ ਸੰਤਾਂ ਦੀ ਸੰਗਤਿ ਬਖ਼ਸ਼, ਮਿਹਰ ਕਰ, ਮੈਂ ਸੰਤਾਂ ਦੀ ਪ੍ਰਭੂ-ਕਥਾ ਦਾ ਰਸ ਲੈ ਸਕਾਂ;

21991	486	ਸੰਤ ਪ੍ਰੇਮ ਮਾਝੈ ਦੀਜੈ ਦੇਵਾ ਦੇਵ॥੧॥ਰਹਾਉ॥	(ਮਾਝੈ) ਮੈਨੂੰ	Santh Praem Maajhai Dheejai Dhaevaa Dhaev ||1|| Rehaao ||	The sublime essence of the Saints' conversation, and the Love of the Saints. ||1||Pause||	ਮੈਨੂੰ ਸੰਤਾਂ ਦਾ (ਭਾਵ, ਸੰਤਾਂ ਨਾਲ) ਪ੍ਰੇਮ (ਕਰਨ ਦੀ ਦਾਤਿ) ਦੇਹ ॥੧॥ ਰਹਾਉ ॥
21992	486	ਸੰਤ ਆਚਰਣ ਸੰਤ ਚੋ ਮਾਰਗੁ ਸੰਤਚ ਓਲ੍ਹਗ ਓਲ੍ਹਗਣੀ॥੨॥	(ਓਲ੍ਹਗ)ਦਾਸਨਦਾਸ ਸੰਤਾਂ ਦੀ (ਓਲ੍ਹਗਣੀ)ਦਾਸਨਦਾਸੀ ਬਣੇ। ਆ-ਚਰਣ	Santh Aacharan Santh Cho Maarag Santh Ch Oulhag Oulhaganee ||2||	The Character of the Saints, the lifestyle of the Saints, and the service of the servant of the Saints. ||2||	ਹੇ ਪ੍ਰਭੂ! ਮੈਨੂੰ ਸੰਤਾਂ ਵਾਲੀ ਕਰਣੀ, ਸੰਤਾਂ ਦਾ ਰਸਤਾ, ਸੰਤਾਂ ਦੇ ਦਾਸਾਂ ਦੀ ਸੇਵਾ ਬਖ਼ਸ਼ ॥੨॥
21993	486	ਅਉਰ ਇਕ ਮਾਗਉ ਭਗਤਿ ਚਿੰਤਾਮਣਿ॥	(ਚਿੰਤਾਮਣਿ) ਵਾਹਿਗੁਰੂ ਜੀ	Aour Eik Maago Bhagath Chinthaaman ||	I ask for these, and for one thing more - devotional worship, which shall fulfill my desires.	ਮੈਂ ਤੈਥੋਂ ਇਕ ਹੋਰ (ਦਾਤਿ ਭੀ) ਮੰਗਦਾ ਹਾਂ, ਮੈਨੂੰ ਆਪਣੀ ਭਗਤੀ ਦੇਹ, ਜੋ ਮਨ-ਚਿੰਦੇ ਫਲ ਦੇਣ ਵਾਲੀ ਮਣੀ ਹੈ;
21994	486	ਜਣੀ ਲਖਾਵਹੁ ਅਸੰਤ ਪਾਪੀਸਣਿ॥੩॥	(ਜਣੀ)ਨਾ। (ਲਖਾਵਹੁ)ਦਿਖਾਉ। ਜਿਨ੍ਹਾਂ ਨੂੰ (ਪਾਪੀਸਣਿ) ਪਾਪ ਪਿਆਰਾ ਹੈ	Janee Lakhaavahu Asanth Paapee San ||3||	Do not show me the wicked sinners. ||3||	ਮੈਨੂੰ ਵਿਕਾਰੀਆਂ ਤੇ ਪਾਪੀਆਂ ਦਾ ਦਰਸ਼ਨ ਨਾਹ ਕਰਾਈਂ ॥੩॥
21995	486	ਰਵਿਦਾਸੁ ਭਣੈ ਜੋ ਜਾਣੈ ਸੋ ਜਾਣੁ॥	(ਭਣੈ) ਆਖਦੇ। (ਜਾਣੁ) ਸਿਆਣਾ	Ravidhaas Bhanai Jo Jaanai So Jaan ||	Says Ravi Daas, he alone is wise, who knows this:	ਰਵਿਦਾਸ ਆਖਦਾ ਹੈ-ਅਸਲ ਸਿਆਣਾ ਉਹ ਮਨੁੱਖ ਹੈ ਜੋ ਇਹ ਜਾਣਦਾ ਹੈ,
21996	486	ਸੰਤ ਅਨੰਤਹਿ ਅੰਤਰੁ ਨਾਹੀ॥੪॥੨॥	(ਅਨੰਤਹਿ) ਅਨੰਤ ਵਾਹਿਗੁਰੂ ਜੀ	Santh Ananthehi Anthar Naahee ||4||2||	There is no difference between the Saints and the Infinite Lord. ||4||2||	ਕਿ ਸੰਤਾਂ ਤੇ ਬੇਅੰਤ ਪ੍ਰਭੂ ਵਿਚ ਕੋਈ ਵਿੱਥ ਨਹੀਂ ਹੈ ॥੪॥੨॥

21997	486	ਆਸਾ॥		Aasaa ||	Aasaa:	
21998	486	ਤੁਮ ਚੰਦਨ ਹਮ ਇਰੰਡ ਬਾਪੁਰੇ ਸੰਗਿ ਤੁਮਾਰੇ ਬਾਸਾ॥	(ਬੱਾਪੁਰੇ) ਵਿਚਾਰੇ	Thum Chandhan Ham Eirandd Baapurae Sang Thumaarae Baasaa ||	You are sandalwood, and I am the poor castor oil plant, dwelling close to you.	ਹੇ ਮਾਧੋ! ਤੂੰ ਚੰਦਨ ਦਾ ਬੂਟਾ ਹੈਂ, ਮੈਂ ਨਿਮਾਣਾ ਹਰਿੰਡ ਹਾਂ (ਪਰ ਤੇਰੀ ਮਿਹਰ ਨਾਲ) ਮੈਨੂੰ ਤੇਰੇ (ਚਰਨਾਂ) ਵਿਚ ਰਹਿਣ ਲਈ ਥਾਂ ਮਿਲ ਗਈ ਹੈ।
21999	486	ਨੀਚ ਰੂਖ ਤੇ ਊਚ ਭਏ ਹੈ ਗੰਧ ਸੁਗੰਧ ਨਿਵਾਸਾ॥੧॥	ਹੈਂ	Neech Rookh Thae Ooch Bheae Hai Gandhh Sugandhh Nivaasaa ||1||	From a lowly tree, I have become exalted; Your fragrance, Your exquisite fragrance now permeates me. ||1||	ਤੇਰੀ ਸੋਹਣੀ ਮਿੱਠੀ ਵਾਸ਼ਨਾ ਮੇਰੇ ਅੰਦਰ ਵੱਸ ਪਈ ਹੈ, ਹੁਣ ਮੈਂ ਨੀਵੇਂ ਰੁੱਖ ਤੋਂ ਉੱਚਾ ਬਣ ਗਿਆ ਹਾਂ ॥੧॥
22000	486	ਮਾਧਉ ਸਤਸੰਗਤਿ ਸਰਨਿ ਤੁਮ੍ਹਾਰੀ॥		Maadhho Sathasangath Saran Thumhaaree ||	O Lord, I seek the Sanctuary of the company of Your Saints;	ਹੇ ਮਾਧੋ! ਮੈਂ ਤੇਰੀ ਸਾਧ ਸੰਗਤਿ ਦੀ ਓਟ ਫੜੀ ਹੈ (ਮੈਨੂੰ ਇਥੋਂ ਵਿਛੁੜਨ ਨਾਹ ਦੇਈਂ),
22001	486	ਹਮ ਅਉਗਨ ਤੁਮ੍ ਉਪਕਾਰੀ॥੧॥ਰਹਾਉ॥		Ham Aougan Thumh Oupakaaree ||1|| Rehaao ||	I am worthless, and You are so benevolent. ||1||Pause||	ਮੈਂ ਮੰਦ-ਕਰਮੀ ਹਾਂ (ਤੇਰਾ ਸਤ-ਸੰਗ ਛੱਡ ਕੇ ਮੁੜ ਮੰਦੇ ਪਾਸੇ ਤੁਰ ਪੈਂਦਾ ਹਾਂ, ਪਰ) ਤੂੰ ਮਿਹਰ ਕਰਨ ਵਾਲਾ ਹੈਂ (ਤੂੰ ਫਿਰ ਜੋੜ ਲੈਂਦਾ ਹੈਂ) ॥੧॥ ਰਹਾਉ ॥

22002	486	ਤੁਮ ਮਖਤੂਲ ਸੁਪੇਦ ਸਪੀਅਲ ਹਮ ਬਪੁਰੇ ਜਸ ਕੀਰਾ॥	(ਮਖਤੂਲ)ਵੱਟਿਆ ਰੇਸ਼ਮ। (ਸੁਪੇਦ)ਚਿੱਟਾ ਰੇਸ਼ਮ। (ਸਪੀਅਲ)ਪੀਲ਼ਾ ਰੇਸ਼ਮ। (ਹਮ) ਦਾਸਨ ਦਾਸ। ਜਸ ਕਰਨ ਰੂਪ ਰੇਸ਼ਮ ਪੈਦਾ ਕਰਨ (ਵਾਲੇ) ਕੀਰਾ ਕੀੜੇ ਹਨ	Thum Makhathool Supaedh Sapeeal Ham Bapurae Jas Keeraa ||	You are the white and yellow threads of silk, and I am like a poor worm.	ਹੇ ਮਾਧੋ! ਤੂੰ ਚਿੱਟਾ ਪੀਲਾ (ਸੋਹਣਾ) ਰੇਸ਼ਮ ਹੈਂ, ਮੈਂ ਨਿਮਾਣਾ (ਉਸ) ਕੀੜੇ ਵਾਂਗ ਹਾਂ (ਜੋ ਰੇਸ਼ਮ ਨੂੰ ਛੱਡ ਕੇ ਬਾਹਰ ਨਿਕਲ ਜਾਂਦਾ ਹੈ ਤੇ ਮਰ ਜਾਂਦਾ ਹੈ।)
22003	486	ਸਤਸੰਗਤਿ ਮਿਲਿ ਰਹੀਐ ਮਾਧਉ ਜੈਸੇ ਮਧੁਪ ਮਖੀਰਾ॥੨॥	(ਮਧੁਪ)ਸ਼ਹਿਦ। (ਮਖੀਰਾ)ਮੱਖੀਆਂ	Sathasangath Mil Reheeai Maadhho Jaisae Madhhup Makheeraa ||2||	O Lord, I seek to live in the Company of the Saints, like the bee with its honey. ||2||	ਮਾਧੋ! (ਮਿਹਰ ਕਰ) ਮੈਂ ਤੇਰੀ ਸਾਧ ਸੰਗਤ ਵਿਚ ਜੁੜਿਆ ਰਹਾਂ, ਜਿਵੇਂ ਸ਼ਹਿਦ ਦੀਆਂ ਮੱਖੀਆਂ ਸ਼ਹਿਦ ਦੇ ਛੱਤੇ ਵਿਚ (ਟਿਕੀਆਂ ਰਹਿੰਦੀਆਂ ਹਨ) ॥੨॥
22004	486	ਜਾਤੀ ਓਛਾ ਪਾਤੀ ਓਛਾ ਓਛਾ ਜਨਮੁ ਹਮਾਰਾ॥	(ਓਛਾ) ਨੀਵੀਂ। (ਪਾਤੀ) ਕੁਲ	Jaathee Oushhaa Paathee Oushhaa Oushhaa Janam Hamaaraa ||	My social status is low, my ancestry is low, and my birth is low as well.	ਰਵਿਦਾਸ ਚਮਿਆਰ ਆਖਦਾ ਹੈ-(ਲੋਕਾਂ ਦੀਆਂ ਨਜ਼ਰਾਂ ਵਿਚ) ਮੇਰੀ ਜਾਤਿ ਨੀਵੀਂ, ਮੇਰੀ ਕੁਲ ਨੀਵੀਂ, ਮੇਰਾ ਜਨਮ ਨੀਵਾਂ;
22005	486	ਰਾਜਾਰਾਮ ਕੀ ਸੇਵ ਨ ਕੀਨੀ ਕਹਿ ਰਵਿਦਾਸ ਚਮਾਰਾ॥੩॥੩॥		Raajaa Raam Kee Saev N Keenee Kehi Ravidhaas Chamaaraa ||3||3||	I have not performed the service of the Lord, the Lord, says Ravi Daas the cobbler. ||3||3||	(ਪਰ, ਹੇ ਮਾਧੋ! ਮੇਰੀ ਜਾਤਿ, ਕੁਲ ਤੇ ਜਨਮ ਸੱਚ-ਮੁਚ ਨੀਵੇਂ ਰਹਿ ਜਾਣਗੇ) ਜੇ ਮੈਂ, ਹੇ ਮੇਰੇ ਮਾਲਕ ਪ੍ਰਭੂ! ਤੇਰੀ ਭਗਤੀ ਨਾਹ ਕੀਤੀ ॥੩॥੩॥
22006	486	ਆਸਾ॥		Aasaa ||	Aasaa:	

22007	486	ਕਹਾ ਭਇਓ ਜਉ ਤਨੁ ਭਇਓ ਛਿਨੁ ਛਿਨੁ॥		Kehaa Bhaeiou Jo Than Bhaeiou Shhin Shhin ||	What would it matter, if my body were cut into pieces?	(ਇਹ ਨਾਮ-ਧਨ ਲੱਭ ਕੇ ਹੁਣ) ਜੇ ਮੇਰਾ ਸਰੀਰ ਨਾਸ ਭੀ ਹੋ ਜਾਏ ਤਾਂ ਭੀ ਮੈਨੂੰ ਕੋਈ ਪਰਵਾਹ ਨਹੀਂ।
22008	486	ਪ੍ਰੇਮੁ ਜਾਇ ਤਉ ਡਰਪੈ ਤੇਰੋ ਜਨੁ॥੧॥		Praem Jaae Tho Ddarapai Thaero Jan ||1||	If I were to lose Your Love, Lord, then Your humble servant would be afraid. ||1||	ਹੇ ਰਾਮ! ਤੇਰਾ ਸੇਵਕ ਤਦੋਂ ਹੀ ਘਬਰਾਏਗਾ ਜੇ (ਇਸ ਦੇ ਮਨ ਵਿਚੋਂ ਤੇਰੇ ਚਰਨਾਂ ਦਾ) ਪਿਆਰ ਦੂਰ ਹੋਵੇਗਾ ॥੧॥
22009	486	ਤੁਝਹਿ ਚਰਨ ਅਰਬਿੰਦ ਭਵਨ ਮਨੁ॥	(ਅਰਬਿੰਦ)ਕਮਲ ਫੁੱਲ। (ਭਵਨ) ਘਰ	Thujhehi Charan Arabindh Bhavan Man ||	Your lotus feet are the home of my mind.	(ਹੇ ਸੋਹਣੇ ਰਾਮ!) ਮੇਰਾ ਮਨ ਕਉਲ ਫੁੱਲ ਵਰਗੇ ਤੇਰੇ ਸੋਹਣੇ ਚਰਨਾਂ ਨੂੰ ਆਪਣੇ ਰਹਿਣ ਦੀ ਥਾਂ ਬਣਾ ਚੁਕਿਆ ਹੈ;
22010	486	ਪਾਨ ਕਰਤ ਪਾਇਓ ਪਾਇਓ ਰਾਮਈਆ ਧਨੁ॥੧॥ਰਹਾਉ॥	ਨਾਮ ਰਸ (ਪਾਨ ਕਰਤ)ਪੀਂਦਿਆਂ। ਰਾ-ਮਈਆ	Paan Karath Paaeiou Paaeiou Raameeaa Dhhan ||1|| Rehaao ||	Drinking in Your Nectar, I have obtained the wealth of the Lord. ||1||Pause||	(ਤੇਰੇ ਚਰਨ-ਕਮਲਾਂ ਵਿਚੋਂ ਨਾਮ-ਰਸ) ਪੀਂਦਿਆਂ ਪੀਂਦਿਆਂ ਮੈਂ ਲੱਭ ਲਿਆ ਹੈ, ਮੈਂ ਲੱਭ ਲਿਆ ਹੈ ਤੇਰਾ ਨਾਮ-ਧਨ ॥੧॥ ਰਹਾਉ ॥
22011	486	ਸੰਪਤਿ ਬਿਪਤਿ ਪਟਲ ਮਾਇਆ ਧਨੁ॥	(ਸੰਪਤਿ) ਧਨ ਦੌਲਤ। (ਬਿਪਤਿ) ਮੁਸੀਬਤ। (ਪਟਲ) ਪੜਦਾ। ਪਟਲ:ਪੋਲਾ ਬੋਲੋ	Sanpath Bipath Pattal Maaeiaa Dhhan ||	Prosperity, adversity, property and wealth are just Maya.	ਸੌਖ, ਬਿਪਤਾ, ਧਨ-ਇਹ ਮਾਇਆ ਦੇ ਪਰਦੇ ਹਨ (ਜੋ ਮਨੁੱਖ ਦੀ ਮੱਤ ਉਤੇ ਪਏ ਰਹਿੰਦੇ ਹਨ);

22012	487	ਤਾ ਮਹਿ ਮਗਨ ਹੋਤ ਨ ਤੇਰੋ ਜਨੁ॥੨॥		Thaa Mehi Magan Hoth N Thaero Jan ||2||	Your humble servant is not engrossed in them. ||2||	ਹੇ ਪ੍ਰਭੂ! ਤੇਰਾ ਸੇਵਕ (ਮਾਇਆ ਦੇ) ਇਹਨਾਂ (ਪਰਦਿਆਂ) ਵਿਚ (ਹੁਣ) ਨਹੀਂ ਫਸਦਾ ॥੨॥
22013	487	ਪ੍ਰੇਮ ਕੀ ਜੇਵਰੀ ਬਾਧਿਓ ਤੇਰੋ ਜਨ॥	ਬੱਾਧਿਓ	Praem Kee Jaevaree Baadhhiou Thaero Jan ||	Your humble servant is tied by the rope of Your Love.	ਹੇ ਪ੍ਰਭੂ! (ਮੈਂ) ਤੇਰਾ ਦਾਸ ਤੇਰੇ ਪਿਆਰ ਦੀ ਰੱਸੀ ਨਾਲ ਬੱਝਾ ਹੋਇਆ ਹਾਂ।
22014	487	ਕਹਿ ਰਵਿਦਾਸ ਛੂਟਿਬੋ ਕਵਨ ਗੁਨ॥੩॥੪॥		Kehi Ravidhaas Shhoottibo Kavan Gun ||3||4||	Says Ravi Daas, what benefit would I get by escaping from it? ||3||4||	ਰਵਿਦਾਸ ਆਖਦਾ ਹੈ-ਇਸ ਵਿਚੋਂ ਨਿਕਲਣ ਨੂੰ ਮੇਰਾ ਜੀ ਨਹੀਂ ਕਰਦਾ ॥੩॥੪॥
22015	487	ਆਸਾ॥		Aasaa ||	Aasaa:	
22016	487	ਹਰਿ ਹਰਿ ਹਰਿ ਹਰਿ ਹਰਿ ਹਰਿ ਹਰੇ॥		Har Har Har Har Har Har Harae ||	The Lord, Har, Har, Har, Har, Har, Har, Haray.	ਮੁੜ ਮੁੜ ਸੁਆਸ ਸੁਆਸ ਹਰਿਨਾਮ ਸਿਮਰਦਿਆਂ,
22017	487	ਹਰਿ ਸਿਮਰਤ ਜਨ ਗਏ ਨਿਸਤਰਿ ਤਰੇ॥੧॥ਰਹਾਉ॥	(ਨਿਸ-ਤਰਿ) ਨਾ ਤਰ ਸਕਣ ਵਾਲੇ	Har Simarath Jan Geae Nisathar Tharae ||1|| Rehaao ||	Meditating on the Lord, the humble are carried across to salvation. ||1||Pause||	ਹਰਿ-ਨਾਮ ਸਿਮਰਨ ਨਾਲ ਹਰੀ ਦੇ ਦਾਸ (ਸੰਸਾਰ-ਸਮੁੰਦਰ ਤੋਂ) ਪੂਰਨ ਤੌਰ ਤੇ ਪਾਰ ਲੰਘ ਜਾਂਦੇ ਹਨ ॥੧॥ ਰਹਾਉ ॥
22018	487	ਹਰਿ ਕੇ ਨਾਮ ਕਬੀਰ ਉਜਾਗਰ॥	(ਉਜਾਗਰ) ਪ੍ਰਗਟ	Har Kae Naam Kabeer Oujaagar ||	Through the Lord's Name, Kabeer became famous and respected.	ਹਰਿ-ਨਾਮ ਸਿਮਰਨ ਦੀ ਬਰਕਤਿ ਨਾਲ ਕਬੀਰ (ਭਗਤ ਜਗਤ ਵਿਚ) ਮਸ਼ਹੂਰ ਹੋਇਆ,

22019	487	ਜਨਮ ਜਨਮ ਕੇ ਕਾਟੇ ਕਾਗਰ॥੧॥	ਲੇਖਿਆਂ ਦੇ (ਕਾਗਰ) ਕਾਗ਼ਜ਼	Janam Janam Kae Kaattae Kaagar ||1||	The accounts of his past incarnations were torn up. ||1||	ਤੇ ਉਸ ਦੇ ਜਨਮਾਂ ਜਨਮਾਂ ਦੇ ਕੀਤੇ ਕਰਮਾਂ ਦੇ ਲੇਖੇ ਮੁੱਕ ਗਏ ॥੧॥
22020	487	ਨਿਮਤ ਨਾਮਦੇਉ ਦੂਧੁ ਪੀਆਇਆ॥	(ਨਿਮੱਤ) ਕਾਰਣ। ਨਿਮਿਤ:ਪੋਲਾ ਬੋਲੋ	Nimath Naamadhaeo Dhoodhh Peeaaeiaa ||	Because of Naam Dayv's devotion, the Lord drank the milk he offered.	ਹਰਿ-ਨਾਮ ਸਿਮਰਨ ਦੇ ਕਾਰਨ ਹੀ ਨਾਮਦੇਵ ਨੇ (ਗੋਬਿੰਦ ਰਾਇ) ਨੂੰ ਦੁੱਧ ਪਿਆਇਆ ਸੀ,
22021	487	ਤਉ ਜਗ ਜਨਮ ਸੰਕਟ ਨਹੀ ਆਇਆ॥੨॥		Tho Jag Janam Sankatt Nehee Aaeiaa ||2||	He shall not have to suffer the pains of reincarnation into the world again. ||2||	ਤੇ, ਨਾਮ ਜਪਿਆਂ ਹੀ ਉਹ ਜਗਤ ਦੇ ਜਨਮਾਂ ਦੇ ਕਸ਼ਟਾਂ ਵਿਚ ਨਹੀਂ ਪਿਆ ॥੨॥
22022	487	ਜਨ ਰਵਿਦਾਸ ਰਾਮ ਰੰਗਿ ਰਾਤਾ॥		Jan Ravidhaas Raam Rang Raathaa ||	Servant Ravi Daas is imbued with the Lord's Love.	ਹਰੀ ਦਾ ਦਾਸ ਰਵਿਦਾਸ (ਭੀ) ਪ੍ਰਭੂ ਦੇ ਪਿਆਰ ਵਿਚ ਰੰਗਿਆ ਗਿਆ ਹੈ।
22023	487	ਇਉ ਗੁਰ ਪਰਸਾਦਿ ਨਰਕ ਨਹੀ ਜਾਤਾ॥੩॥੫॥		Eio Gur Parasaadh Narak Nehee Jaathaa ||3||5||	By Guru's Grace, he shall not have to go to hell. ||3||5||	ਇਸ ਰੰਗ ਦੀ ਬਰਕਤਿ ਨਾਲ ਸਤਿਗੁਰੂ ਦੀ ਮਿਹਰ ਦਾ ਸਦਕਾ, ਰਵਿਦਾਸ ਨਰਕਾਂ ਵਿਚ ਨਹੀਂ ਪਏਗਾ ॥੩॥੫॥
22024	487	ਆਸਾ॥		Aasaa ||	Aasaa:	
22025	487	ਮਾਟੀ ਕੋ ਪੁਤਰਾ ਕੈਸੇ ਨਚਤੁ ਹੈ॥	ਪੁਤਰਾ:ਪੋਲਾ ਬੋਲੋ। ਨੱਚਤੁ	Maattee Ko Putharaa Kaisae Nachath Hai ||	How does the puppet of clay dance?	(ਮਾਇਆ ਦੇ ਮੋਹ ਵਿਚ ਫਸ ਕੇ) ਇਹ ਮਿੱਟੀ ਦਾ ਪੁਤਲਾ ਕੇਹਾ ਹਾਸੋ-ਹੀਣਾ ਹੋ ਕੇ ਨੱਚ ਰਿਹਾ ਹੈ (ਭਟਕ ਰਿਹਾ ਹੈ);

22026	487	ਦੇਖੈ ਦੇਖੈ ਸੁਨੈ ਬੋਲੈ ਦਉਰਿਓ ਫਿਰਤੁ ਹੈ॥੧॥ਰਹਾਉ॥		Dhaekhai Dhaekhai Sunai Bolai Dhouriou Firath Hai ||1|| Rehaao ||	He looks and listens, hears and speaks, and runs around. ||1||Pause||	(ਮਾਇਆ ਨੂੰ ਹੀ) ਚਾਰ-ਚੁਫੇਰੇ ਢੂੰਢਦਾ ਹੈ; (ਮਾਇਆ ਦੀਆਂ ਹੀ ਗੱਲਾਂ) ਸੁਣਦਾ ਹੈ (ਭਾਵ, ਮਾਇਆ ਦੀਆਂ ਗੱਲਾਂ ਹੀ ਸੁਣਨੀਆਂ ਇਸ ਨੂੰ ਚੰਗੀਆਂ ਲੱਗਦੀਆਂ ਹਨ), (ਮਾਇਆ ਕਮਾਣ ਦੀਆਂ ਹੀ) ਗੱਲਾਂ ਕਰਦਾ ਹੈ, (ਹਰ ਵੇਲੇ ਮਾਇਆ ਦੀ ਖ਼ਾਤਰ ਹੀ) ਦੌੜਿਆ ਫਿਰਦਾ ਹੈ ॥੧॥ ਰਹਾਉ ॥
22027	487	ਜਬ ਕਛੁ ਪਾਵੈ ਤਬ ਗਰਬੁ ਕਰਤੁ ਹੈ॥		Jab Kashh Paavai Thab Garab Karath Hai ||	When he acquires something, he is inflated with ego.	ਜਦੋਂ (ਇਸ ਨੂੰ) ਕੁਝ ਧਨ ਮਿਲ ਜਾਂਦਾ ਹੈ ਤਾਂ (ਇਹ) ਅਹੰਕਾਰ ਕਰਨ ਲੱਗ ਪੈਂਦਾ ਹੈ;
22028	487	ਮਾਇਆ ਗਈ ਤਬ ਰੋਵਨੁ ਲਗਤੁ ਹੈ॥੧॥		Maaeiaa Gee Thab Rovan Lagath Hai ||1||	But when his wealth is gone, then he cries and bewails. ||1||	ਪਰ ਜੇ ਗੁਆਚ ਜਾਏ ਤਾਂ ਰੋਂਦਾ ਹੈ, ਦੁੱਖੀ ਹੁੰਦਾ ਹੈ ॥੧॥
22029	487	ਮਨ ਬਚ ਕ੍ਰਮ ਰਸ ਕਸਹਿ ਲੁਭਾਨਾ॥	ਮਨ, (ਬਚ) ਬਚਨ, (ਕ੍ਰਮ) ਕਰਮਾਂ ਕਰਕੇ	Man Bach Kram Ras Kasehi Lubhaanaa ||	In thought, word and deed, he is attached to the sweet and tangy flavors.	ਆਪਣੇ ਮਨ ਦੀ ਰਾਹੀਂ, ਬਚਨਾਂ ਦੀ ਰਾਹੀਂ, ਕਰਤੂਤਾਂ ਦੀ ਰਾਹੀਂ, ਚਸਕਿਆਂ ਵਿਚ ਫਸਿਆ ਹੋਇਆ ਹੈ,

22030	487	ਬਿਨਸਿ ਗਇਆ ਜਾਇ ਕਹੂੰ ਸਮਾਨਾ॥੨॥	(ਬਿਨਸਿ) ਨਾਸ। (ਕਹੂੰ) ਹੋਰ ਕਿਤੇ	Binas Gaeiaa Jaae Kehoon Samaanaa ||2||	When he dies, no one knows where he has gone. ||2||	(ਆਖ਼ਰ ਮੌਤ ਆਉਣ ਤੇ) ਜਦੋਂ ਇਹ ਸਰੀਰ ਢਹਿ ਪੈਂਦਾ ਹੈ ਤਾਂ ਜੀਵ (ਸਰੀਰ ਵਿਚੋਂ) ਜਾ ਕੇ (ਪ੍ਰਭੂ-ਚਰਨਾਂ ਵਿਚ ਅਪੜਨ ਦੇ ਥਾਂ) ਕਿਤੇ ਕੁਥਾਂ ਹੀ ਟਿਕਦਾ ਹੈ ॥੨॥
22031	487	ਕਹਿ ਰਵਿਦਾਸ ਬਾਜੀ ਜਗੁ ਭਾਈ॥		Kehi Ravidhaas Baajee Jag Bhaaee ||	Says Ravi Daas, the world is just a dramatic play, O Siblings of Destiny.	ਰਵਿਦਾਸ ਆਖਦਾ ਹੈ, ਇਹ ਜਗਤ ਇਕ ਖੇਡ ਹੀ ਹੈ,
22032	487	ਬਾਜੀਗਰ ਸਉ ਮੋਹਿ ਪ੍ਰੀਤਿ ਬਨਿ ਆਈ॥੩॥੬॥	ਮੋਹਿ ਹੋੜਾ ਅਤੇ ਔਂਕੜ ਵਿਚਕਾਰ ਦੀ ਅਵਾਜ ਬੋਲੋ	Baajeegar So Muohi Preeth Ban Aaee ||3||6||	I have enshrined love for the Lord, the star of the show. ||3||6||	ਮੇਰੀ ਪ੍ਰੀਤ ਤਾਂ (ਜਗਤ ਦੀ ਮਾਇਆ ਦੇ ਥਾਂ) ਇਸ ਖੇਡ ਦੇ ਬਣਾਉਣ ਵਾਲੇ ਨਾਲ ਲੱਗ ਗਈ ਹੈ (ਸੋ, ਮੈਂ ਇਸ ਹਾਸੋ-ਹੀਣੇ ਨਾਚ ਤੋਂ ਬਚ ਗਿਆ ਹਾਂ) ॥੩॥੬॥
22033	487	ਆਸਾ ਬਾਣੀ ਭਗਤ ਧੰਨੇ ਜੀ ਕੀ	(ਬਿਲਾਨੇ) ਬਿਤੀਤ ਕੀਤੇ। (ਧੀਰੇ) ਟਿਕਦਾ	Aasaa Baanee Bhagath Dhhannae Jee Kee	Aasaa, The Word Of Devotee Dhanna Jee:	ਰਾਗ ਆਸਾ ਵਿੱਚ ਭਗਤ ਧੰਨੇ ਜੀ ਦੀ ਬਾਣੀ।
22034	487	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

22035	487	ਭ੍ਰਮਤ ਫਿਰਤ ਬਹੁ ਜਨਮ ਬਿਲਾਨੇ ਤਨੁ ਮਨੁ ਧਨੁ ਨਹੀ ਧੀਰੇ॥		Bhramath Firath Bahu Janam Bilaanae Than Man Dhhan Nehee Dhheerae ||	I wandered through countless incarnations, but mind, body and wealth never remain stable.	(ਮਾਇਆ ਦੇ ਮੋਹ ਵਿਚ) ਭਟਕਦਿਆਂ ਕਈ ਜਨਮ ਗੁਜ਼ਰ ਜਾਂਦੇ ਹਨ, ਇਹ ਸਰੀਰ ਨਾਸ ਹੋ ਜਾਂਦਾ ਹੈ, ਮਨ ਭਟਕਦਾ ਰਹਿੰਦਾ ਹੈ ਤੇ ਧਨ ਭੀ ਟਿਕਿਆ ਨਹੀਂ ਰਹਿੰਦਾ।
22036	487	ਲਾਲਚ ਬਿਖੁ ਕਾਮ ਲੁਬਧ ਰਾਤਾ ਮਨਿ ਬਿਸਰੇ ਪ੍ਰਭ ਹੀਰੇ॥੧॥ਰਹਾਉ॥	(ਲੁਬਧ)ਲੁਭਾਇਮਾਨ	Laalach Bikh Kaam Lubadhh Raathaa Man Bisarae Prabh Heerae ||1|| Rehaao ||	Attached to, and stained by the poisons of sexual desire and greed, the mind has forgotten the jewel of the Lord. ||1||Pause||	ਲੋਭੀ ਜੀਵ ਜ਼ਹਿਰ-ਰੂਪ ਪਦਾਰਥਾਂ ਦੇ ਲਾਲਚ ਵਿਚ, ਕਾਮ-ਵਾਸ਼ਨਾਂ ਵਿਚ, ਰੰਗਿਆ ਰਹਿੰਦਾ ਹੈ, ਇਸ ਦੇ ਮਨ ਵਿਚੋਂ ਅਮੋਲਕ ਪ੍ਰਭੂ ਵਿਸਰ ਜਾਂਦਾ ਹੈ ॥੧॥ ਰਹਾਉ ॥
22037	487	ਬਿਖੁ ਫਲ ਮੀਠ ਲਗੇ ਮਨ ਬਉਰੇ ਚਾਰ ਬਿਚਾਰ ਨ ਜਾਨਿਆ॥		Bikh Fal Meeth Lagae Man Bourae Chaar Bichaar N Jaaniaa ||	The poisonous fruit seems sweet to the demented mind, which does not know the difference between good and evil.	ਹੇ ਕਮਲੇ ਮਨ! ਇਹ ਜ਼ਹਿਰ-ਰੂਪ ਫਲ ਤੈਨੂੰ ਮਿੱਠੇ ਲੱਗਦੇ ਹਨ, ਤੈਨੂੰ ਸੋਹਣੀ ਵਿਚਾਰ ਨਹੀਂ ਫੁਰਦੀ;
22038	487	ਗੁਨ ਤੇ ਪ੍ਰੀਤਿ ਬਢੀ ਅਨ ਭਾਂਤੀ ਜਨਮ ਮਰਨ ਫਿਰਿ ਤਾਨਿਆ॥੧॥	(ਬਢੀ) ਵਧੀ। (ਅਨ) ਹੋਰ (ਭਾਂਤੀ) ਕਿਸਮ ਦੀ। (ਤਾਨਿਆ) ਤਾਣਾ ਤਣਿਆ	Gun Thae Preeth Badtee An Bhaanthee Janam Maran Fir Thaaniaa ||1||	Turning away from virtue, his love for other things increases, and he weaves again the web of birth and death. ||1||	ਗੁਣਾਂ ਵਲੋਂ ਹੱਟ ਕੇ ਹੋਰ ਹੋਰ ਕਿਸਮ ਦੀ ਪ੍ਰੀਤ ਤੇਰੇ ਅੰਦਰ ਵਧ ਰਹੀ ਹੈ, ਤੇ ਤੇਰਾ ਜਨਮ ਮਰਨ ਦਾ ਤਾਣਾ ਤਣਿਆ ਜਾ ਰਿਹਾ ਹੈ ॥੧॥

22039	487	ਜੁਗਤਿ ਜਾਨਿ ਨਹੀ ਰਿਦੈ ਨਿਵਾਸੀ ਜਲਤ ਜਾਲ ਜਮ ਫੰਧ ਪਰੇ॥		Jugath Jaan Nehee Ridhai Nivaasee Jalath Jaal Jam Fandhh Parae ||	He does not know the way to the Lord, who dwells within his heart; burning in the trap, he is caught by the noose of death.	ਹੇ ਮਨ! ਤੂੰ ਜੀਵਨ ਦੀ ਜੁਗਤ ਸਮਝ ਕੇ ਇਹ ਜੁਗਤਿ ਆਪਣੇ ਅੰਦਰ ਪੱਕੀ ਨਾਹ ਕੀਤੀ; ਤ੍ਰਿਸ਼ਨਾ ਵਿਚ ਸੜਦੇ ਤੈਨੂੰ ਜਮਾਂ ਦਾ ਜਾਲ, ਜਮਾਂ ਦੇ ਫਾਹੇ ਪੈ ਗਏ ਹਨ।
22040	487	ਬਿਖੁ ਫਲ ਸੰਚਿ ਭਰੇ ਮਨ ਐਸੇ ਪਰਮ ਪੁਰਖ ਪ੍ਰਭ ਮਨ ਬਿਸਰੇ॥੨॥	(ਸੰਚਿ) ਇਕੱਠੇ ਕਰਕੇ	Bikh Fal Sanch Bharae Man Aisae Param Purakh Prabh Man Bisarae ||2||	Gathering the poisonous fruits, he fills his mind with them, and he forgets God, the Supreme Being, from his mind. ||2||	ਹੇ ਮਨ! ਤੂੰ ਵਿਸ਼ੇ-ਰੂਪ ਜ਼ਹਿਰ ਦੇ ਫਲ ਹੀ ਇਕੱਠੇ ਕਰ ਕੇ ਸਾਂਭਦਾ ਰਿਹਾ, ਤੇ ਅਜਿਹਾ ਸਾਂਭਦਾ ਰਿਹਾ ਕਿ ਤੈਨੂੰ ਪਰਮ ਪੁਰਖ ਪ੍ਰਭੂ ਭੁੱਲ ਗਿਆ ॥੨॥
22041	487	ਗਿਆਨ ਪ੍ਰਵੇਸੁ ਗੁਰਹਿ ਧਨੁ ਦੀਆ ਧਿਆਨੁ ਮਾਨੁ ਮਨ ਏਕ ਮਏ॥	(ਮਾਨੁ) ਭਰੋਸਾ। (ਮਏ) ਮਿਲ ਗਏ	Giaan Pravaes Gurehi Dhhan Dheeaa Dhhiaan Maan Man Eaek Meae ||	The Guru has given the wealth of spiritual wisdom; practicing meditation, the mind becomes one with Him.	ਜਿਸ ਮਨੁੱਖ ਨੂੰ ਗੁਰੂ ਨੇ ਗਿਆਨ ਦਾ ਪ੍ਰਵੇਸ਼-ਰੂਪ ਧਨ ਦਿੱਤਾ, ਉਸ ਦੀ ਸੁਰਤਿ ਪ੍ਰਭੂ ਵਿਚ ਜੁੜ ਗਈ, ਉਸ ਦੇ ਅੰਦਰ ਸ਼ਰਧਾ ਬਣ ਗਈ, ਉਸ ਦਾ ਮਨ ਪ੍ਰਭੂ ਨਾਲ ਇੱਕ-ਮਿੱਕ ਹੋ ਗਿਆ;
22042	487	ਪ੍ਰੇਮ ਭਗਤਿ ਮਾਨੀ ਸੁਖੁ ਜਾਨਿਆ ਤ੍ਰਿਪਤਿ ਅਘਾਨੇ ਮੁਕਤਿ ਭਏ॥੩॥		Praem Bhagath Maanee Sukh Jaaniaa Thripath Aghaanae Mukath Bheae ||3||	Embracing loving devotional worship for the Lord, I have come to know peace; satisfied and satiated, I have been liberated. ||3||	ਉਸ ਨੂੰ ਪ੍ਰਭੂ ਦਾ ਪਿਆਰ, ਪ੍ਰਭੂ ਦੀ ਭਗਤੀ ਚੰਗੀ ਲੱਗੀ, ਉਸ ਦੀ ਸੁਖ ਨਾਲ ਸਾਂਝ ਬਣ ਗਈ, ਉਹ ਮਾਇਆ ਵਲੋਂ ਚੰਗੀ ਤਰ੍ਹਾਂ ਰੱਜ ਗਿਆ, ਤੇ ਬੰਧਨਾਂ ਤੋਂ ਮੁਕਤ ਹੋ ਗਿਆ ॥੩॥

22043	487	ਜੋਤਿ ਸਮਾਇ ਸਮਾਨੀ ਜਾ ਕੈ ਅਛਲੀ ਪ੍ਰਭੁ ਪਹਿਚਾਨਿਆ॥	(ਅ-ਛਲੀ) ਨਾ ਛਲੇ ਜਾਣ ਵਾਲੇ	Joth Samaae Samaanee Jaa Kai Ashhalee Prabh Pehichaaniaa ||	One who is filled with the Divine Light, recognizes the undeceivable Lord God.	ਜਿਸ ਮਨੁੱਖ ਦੇ ਅੰਦਰ ਪ੍ਰਭੂ ਦੀ ਸਰਬ-ਵਿਆਪਕ ਜੋਤਿ ਟਿਕ ਗਈ, ਉਸ ਨੇ ਮਾਇਆ ਵਿਚ ਨਾਹ ਛਲੇ ਜਾਣ ਵਾਲੇ ਪ੍ਰਭੂ ਨੂੰ ਪਛਾਣ ਲਿਆ।
22044	487	ਧੰਨੈ ਧਨੁ ਪਾਇਆ ਧਰਣੀਧਰੁ ਮਿਲਿ ਜਨ ਸੰਤ ਸਮਾਨਿਆ॥੪॥੧॥	(ਧਰਣੀ-ਧਰੁ) ਧਰਤੀ ਦੇ ਆਸਰੇ ਵਾਹਿਗੁਰੂ ਜੀ	Dhhannai Dhhan Paaeiaa Dhharaneedhhar Mil Jan Santh Samaaniaa ||4||1||	Dhanna has obtained the Lord, the Sustainer of the World, as his wealth; meeting the humble Saints, he merges in the Lord. ||4||1||	ਮੈਂ ਧੰਨੇ ਨੇ ਭੀ ਉਸ ਪ੍ਰਭੂ ਦਾ ਨਾਮ-ਰੂਪ ਧਨ ਲੱਭ ਲਿਆ ਹੈ ਜੋ ਸਾਰੀ ਧਰਤੀ ਦਾ ਆਸਰਾ ਹੈ; ਮੈਂ ਧੰਨਾ ਭੀ ਸੰਤ ਜਨਾਂ ਨੂੰ ਮਿਲ ਕੇ ਪ੍ਰਭੂ ਵਿਚ ਲੀਨ ਹੋ ਗਿਆ ਹਾਂ ॥੪॥੧॥
22045	487	ਮਹਲਾ ੫॥		Mehalaa 5 ||	Fifth Mehl:	
22046	487	ਗੋਬਿੰਦ ਗੋਬਿੰਦ ਗੋਬਿੰਦ ਸੰਗਿ ਨਾਮਦੇਉ ਮਨੁ ਲੀਣਾ॥		Gobindh Gobindh Gobindh Sang Naamadhaeo Man Leenaa ||	Naam Dayv's mind was absorbed into God Gobind Gobind, Gobind.	(ਭਗਤ) ਨਾਮਦੇਵ ਜੀ ਦਾ ਮਨ ਸਦਾ ਪਰਮਾਤਮਾ ਨਾਲ ਜੁੜਿਆ ਰਹਿੰਦਾ ਸੀ।
22047	487	ਆਢ ਦਾਮ ਕੋ ਛੀਪਰੋ ਹੋਇਓ ਲਾਖੀਣਾ॥੧॥ਰਹਾਉ ॥	(ਦਾਮ) ਕੌਡੀ। ਗ੍ਰੀਬ (ਛੀਪਰੋ) ਛੀਂਬਾ। (ਲਾਖੀਣਾ) ਲੱਖਾਂ ਦਾ	Aadt Dhaam Ko Shheeparo Hoeiou Laakheenaa ||1|| Rehaao ||	The calico-printer, worth half a shell, became worth millions. ||1||Pause||	(ਉਸ ਹਰ ਵੇਲੇ ਦੀ ਯਾਦ ਦੀ ਬਰਕਤਿ ਨਾਲ) ਅੱਧੀ ਕੌਡੀ ਦਾ ਗਰੀਬ ਛੀਂਬਾ, (ਮਾਨੋ) ਲਖਪਤੀ ਬਣ ਗਿਆ (ਕਿਉਂਕਿ ਉਸ ਨੂੰ ਕਿਸੇ ਦੀ ਮੁਥਾਜੀ ਨਾਹ ਰਹੀ) ॥੧॥ ਰਹਾਉ ॥

22048	487	ਬੁਨਨਾ ਤਨਨਾ ਤਿਆਗਿ ਕੈ ਪ੍ਰੀਤਿ ਚਰਨ ਕਬੀਰਾ॥		Bunanaa Thananaa Thiaag Kai Preeth Charan Kabeeraa ||	Abandoning weaving and stretching thread, Kabeer enshrined love for the Lord's lotus feet.	(ਕੱਪੜਾ) ਉਣਨ (ਤਾਣਾ) ਤਣਨ (ਦੀ ਲਗਨ) ਛੱਡ ਕੇ ਕਬੀਰ ਨੇ ਪ੍ਰਭੂ-ਚਰਨਾਂ ਨਾਲ ਲਗਨ ਲਾ ਲਈ;
22049	487	ਨੀਚ ਕੁਲਾ ਜੋਲਾਹਰਾ ਭਇਓ ਗੁਨੀਯ ਗਹੀਰਾ॥੧॥	ਗੁਨੀਯ ਯ ਤਾਲੂ ਤੋਂ ਬੋਲ। (ਗਹੀਰਾ)ਸਮੁੰਦ੍ਰ	Neech Kulaa Jolaaharaa Bhaeiou Guneey Geheeraa ||1||	A weaver from a lowly family, he became an ocean of excellence. ||1||	ਨੀਵੀਂ ਜਾਤਿ ਦਾ ਗਰੀਬ ਜੁਲਾਹਾ ਸੀ, ਗੁਣਾਂ ਦਾ ਸਮੁੰਦਰ ਬਣ ਗਿਆ ॥੧॥
22050	487	ਰਵਿਦਾਸੁ ਢੁਵੰਤਾ ਢੋਰ ਨੀਤਿ ਤਿਨਿ ਤਿਆਗੀ ਮਾਇਆ॥	(ਢੋਰ) ਮਰੇ ਹੋਏ ਪਸ਼ੂ	Ravidhaas Dtuvanthaa Dtor Neeth Thin Thiaagee Maaeiaa ||	Ravi Daas, who used to carry dead cows every day, renounced the world of Maya.	ਰਵਿਦਾਸ (ਪਹਿਲਾਂ) ਨਿੱਤ ਮੋਏ ਹੋਏ ਪਸ਼ੂ ਢੋਂਦਾ ਸੀ, (ਪਰ ਜਦੋਂ) ਉਸ ਨੇ ਮਾਇਆ (ਦਾ ਮੋਹ) ਛੱਡ ਦਿੱਤਾ,
22051	487	ਪਰਗਟੁ ਹੋਆ ਸਾਧਸੰਗਿ ਹਰਿ ਦਰਸਨੁ ਪਾਇਆ॥੨॥		Paragatt Hoaa Saadhhasang Har Dharasan Paaeiaa ||2||	He became famous in the Saadh Sangat, the Company of the Holy, and obtained the Blessed Vision of the Lord's Darshan. ||2||	ਸਾਧ ਸੰਗਤਿ ਵਿਚ ਰਹਿ ਕੇ ਉੱਘਾ ਹੋ ਗਿਆ, ਉਸ ਨੂੰ ਪਰਮਾਤਮਾ ਦਾ ਦਰਸ਼ਨ ਹੋ ਗਿਆ ॥੨॥

22052	487	ਸੈਨੁ ਨਾਈ ਬੁਤਕਾਰੀਆ ਓਹੁ ਘਰਿ ਘਰਿ ਸੁਨਿਆ॥	(ਬੁਤਕਾਰੀਆ) ਬਿਨਾ ਮਜ਼ੂਰੀ ਸੇਵਾ ਕਰਨ ਵਾਲਾ	Sain Naaee Buthakaareeaa Ouhu Ghar Ghar Suniaa ||	Sain, the barber, the village drudge, became famous in each and every house.	ਸੈਣ (ਜਾਤਿ ਦਾ) ਨਾਈ ਲੋਕਾਂ ਦੀਆਂ ਬੁੱਤੀਆਂ ਕੱਢਣ ਵਾਲਾ ਸੀ, ਉਸ ਦੀ ਘਰ ਘਰ ਸੋਭਾ ਹੋ ਤੁਰੀ,
22053	487	ਹਿਰਦੇ ਵਸਿਆ ਪਾਰਬ੍ਰਹਮੁ ਭਗਤਾ ਮਹਿ ਗਨਿਆ॥੩॥		Hiradhae Vasiaa Paarabreham Bhagathaa Mehi Ganiaa ||3||	The Supreme Lord God dwelled in his heart, and he was counted among the devotees. ||3||	ਉਸ ਦੇ ਹਿਰਦੇ ਵਿਚ ਪਰਮਾਤਮਾ ਵੱਸ ਪਿਆ ਤੇ ਉਹ ਭਗਤਾਂ ਵਿਚ ਗਿਣਿਆ ਜਾਣ ਲੱਗ ਪਿਆ ॥੩॥
22054	488	ਇਹ ਬਿਧਿ ਸੁਨਿ ਕੈ ਜਾਟਰੋ ਉਠਿ ਭਗਤੀ ਲਾਗਾ॥	ਗ੍ਰੀਬ (ਜਾਟਰੋ) ਜੱਟ। ਬਿਧਿ:ਪੋਲਾ ਬੋਲੋ	Eih Bidhh Sun Kai Jaattaro Outh Bhagathee Laagaa ||	Hearing this, Dhanna the Jaat applied himself to devotional worship.	ਇਸ ਤਰ੍ਹਾਂ (ਦੀ ਗੱਲ) ਸੁਣ ਕੇ ਗਰੀਬ ਧੰਨਾ ਜੱਟ ਭੀ ਉੱਠ ਕੇ ਭਗਤੀ ਕਰਨ ਲੱਗਾ,
22055	488	ਮਿਲੇ ਪ੍ਰਤਖਿ ਗੁਸਾਈਆ ਧੰਨਾ ਵਡਭਾਗਾ॥੪॥੨॥		Milae Prathakh Gusaaeeaa Dhhannaa Vaddabhaagaa ||4||2||	The Lord of the Universe met him personally; Dhanna was so very blessed. ||4||2||	ਉਸ ਨੂੰ ਪਰਮਾਤਮਾ ਦਾ ਸਾਖਿਆਤ ਦੀਦਾਰ ਹੋਇਆ ਤੇ ਉਹ ਵੱਡੇ ਭਾਗਾਂ ਵਾਲਾ ਬਣ ਗਿਆ ॥੪॥੨॥
22056	488	ਰੇ ਚਿਤ ਚੇਤਸਿ ਕੀ ਨ ਦਯਾਲ ਦਮੋਦਰ ਬਿਬਹਿ ਨ ਜਾਨਸਿ ਕੋਈ॥	(ਚੇਤਸਿ) ਸਿਮਰਦਾ। (ਦਮੋਦਰ) ਵਾਹਿਗੁਰੂ ਜੀ। (ਬਿਬਹਿ)ਦੂਜਾ। ਦ-ਯਾਲ ਯ ਤਾਲੂ ਤੋਂ ਬੋਲੋ	Rae Chith Chaethas Kee N Dhayaal Dhamodhar Bibehi N Jaanas Koee ||	O my consciousness, why don't you remain conscious of the Merciful Lord? How can you recognize any other?	ਹੇ (ਮੇਰੇ) ਮਨ! ਦਇਆ ਦੇ ਘਰ ਪਰਮਾਤਮਾ ਨੂੰ ਤੂੰ ਕਿਉਂ ਨਹੀਂ ਸਿਮਰਦਾ? (ਵੇਖੀਂ) ਤੂੰ ਕਿਸੇ ਹੋਰ ਤੇ ਆਸ ਨਾਹ ਲਾਈ ਰੱਖੀਂ।

22057	488	ਜੇ ਧਾਵਹਿ ਬ੍ਰਹਮੰਡ ਖੰਡ ਕਉ ਕਰਤਾ ਕਰੈ ਸੁ ਹੋਈ॥੧॥ਰਹਾਉ॥		Jae Dhhaavehi Brehamandd Khandd Ko Karathaa Karai S Hoee ||1|| Rehaao ||	You may run around the whole universe, but that alone happens which the Creator Lord does. ||1||Pause||	ਜੇ ਤੂੰ ਸਾਰੀ ਸ੍ਰਿਸ਼ਟੀ ਦੇ ਦੇਸਾਂ ਪਰਦੇਸਾਂ ਵਿਚ ਭੀ ਭਟਕਦਾ ਫਿਰੇਂਗਾ, ਤਾਂ ਭੀ ਉਹੀ ਕੁਝ ਹੋਵੇਗਾ ਜੋ ਕਰਤਾਰ ਕਰੇਗਾ ॥੧॥ ਰਹਾਉ ॥
22058	488	ਜਨਨੀ ਕੇਰੇ ਉਦਰ ਉਦਕ ਮਹਿ ਪਿੰਡੁ ਕੀਆ ਦਸ ਦੁਆਰਾ॥	(ਕੇਰੇ) ਦੇ। (ਉਦਰ) ਪੇਟ। (ਉਦਕ) ਪਾਣੀ। (ਪਿੰਡੁ) ਸ੍ਰੀਰ	Jananee Kaerae Oudhar Oudhak Mehi Pindd Keeaa Dhas Dhuaaraa ||	In the water of the mother's womb, He fashioned the body with ten gates.	ਮਾਂ ਦੇ ਪੇਟ ਦੇ ਜਲ ਵਿਚ ਉਸ ਪ੍ਰਭੂ ਨੇ ਸਾਡਾ ਦਸ ਸੋਤਾਂ ਵਾਲਾ ਸਰੀਰ ਬਣਾ ਦਿੱਤਾ;
22059	488	ਦੇਇ ਅਹਾਰੁ ਅਗਨਿ ਮਹਿ ਰਾਖੈ ਐਸਾ ਖਸਮੁ ਹਮਾਰਾ॥੧॥		Dhaee Ahaar Agan Mehi Raakhai Aisaa Khasam Hamaaraa ||1||	He gives it sustenance, and preserves it in fire - such is my Lord and Master. ||1||	ਖ਼ੁਰਾਕ ਦੇ ਕੇ ਮਾਂ ਦੇ ਪੇਟ ਦੀ ਅੱਗ ਵਿਚ ਉਹ ਸਾਡੀ ਰੱਖਿਆ ਕਰਦਾ ਹੈ (ਵੇਖ, ਹੇ ਮਨ!) ਉਹ ਸਾਡਾ ਮਾਲਕ ਇਹੋ ਜਿਹਾ (ਦਿਆਲ) ਹੈ ॥੧॥
22060	488	ਕੁੰਮੀ ਜਲ ਮਾਹਿ ਤਨ ਤਿਸੁ ਬਾਹਰਿ ਪੰਖ ਖੀਰੁ ਤਿਨ ਨਾਹੀ॥	(ਕੁੰਮੀ) ਕੱਛੂ ਕੁੰਮੀ। (ਤਨ)ਪੁੱਤ੍ਰ। (ਪੰਖ) ਖੰਭ। (ਖੀਰੁ) ਦੁੱਧ ਲਈ ਥਣ	Kunmee Jal Maahi Than This Baahar Pankh Kheer Thin Naahee ||	The mother turtle is in the water, and her babies are out of the water. She has no wings to protect them, and no milk to feed them.	ਕਛੂ-ਕੁੰਮੀ ਪਾਣੀ ਵਿਚ (ਰਹਿੰਦੀ ਹੈ), ਉਸ ਦੇ ਬੱਚੇ ਬਾਹਰ (ਰੇਤੇ ਉਤੇ ਰਹਿੰਦੇ ਹਨ), ਨਾਹ (ਬੱਚਿਆਂ ਨੂੰ) ਖੰਭ ਹਨ (ਕਿ ਉੱਡ ਕੇ ਕੁਝ ਖਾ ਲੈਣ), ਨਾਹ (ਕਛੂ-ਕੁੰਮੀ ਨੂੰ) ਥਣ (ਹਨ ਕਿ ਬੱਚਿਆਂ ਨੂੰ ਦੁੱਧ ਪਿਆਵੇ);

22061	488	ਪੂਰਨ ਪਰਮਾਨੰਦ ਮਨੋਹਰ ਸਮਝਿ ਦੇਖੁ ਮਨ ਮਾਹੀ॥੨॥		Pooran Paramaanandh Manohar Samajh Dhaekh Man Maahee ||2||	The Perfect Lord, the embodiment of supreme bliss, the Fascinating Lord takes care of them. See this, and understand it in your mind||2||	(ਪਰ ਹੇ ਜਿੰਦੇ!) ਮਨ ਵਿਚ ਵਿਚਾਰ ਕੇ ਵੇਖ, ਉਹ ਸੁੰਦਰ ਪਰਮਾਨੰਦ ਪੂਰਨ ਪ੍ਰਭੂ (ਉਹਨਾਂ ਦੀ ਪਾਲਣਾ ਕਰਦਾ ਹੈ) ॥੨॥
22062	488	ਪਾਖਣਿ ਕੀਟੁ ਗੁਪਤੁ ਹੋਇ ਰਹਤਾ ਤਾ ਚੋ ਮਾਰਗੁ ਨਾਹੀ॥	(ਪਾਖਣਿ) ਪੱਥਰ ਵਿੱਚ (ਕੀਟੁ) ਕੀੜਾ। (ਤਾ)ਤਿਸ। (ਚੋ)ਵਿੱਚੋਂ ਆਉਣ ਜਾਣ ਦਾ	Paakhan Keett Gupath Hoe Rehathaa Thaa Cho Maarag Naahee ||	The worm lies hidden under the stone - there is no way for him to escape.	ਪੱਥਰ ਵਿਚ ਕੀੜਾ ਲੁਕਿਆ ਹੋਇਆ ਰਹਿੰਦਾ ਹੈ (ਪੱਥਰ ਵਿਚੋਂ ਬਾਹਰ ਜਾਣ ਲਈ) ਉਸ ਦਾ ਕੋਈ ਰਾਹ ਨਹੀਂ;
22063	488	ਕਹੈ ਧੰਨਾ ਪੂਰਨ ਤਾਹੂ ਕੋ ਮਤ ਰੇ ਜੀਅ ਡਰਾਂਹੀ॥੩॥੩॥		Kehai Dhhannaa Pooran Thaahoo Ko Math Rae Jeea Ddaraanhee ||3||3||	Says Dhanna, the Perfect Lord takes care of him. Fear not, O my soul. ||3||3||	ਪਰ ਉਸ ਦਾ (ਪਾਲਣ ਵਾਲਾ) ਭੀ ਪੂਰਨ ਪਰਮਾਤਮਾ ਹੈ; ਧੰਨਾ ਆਖਦਾ ਹੈ-ਹੇ ਜਿੰਦੇ! ਤੂੰ ਭੀ ਨਾਹ ਡਰ ॥੩॥੩॥
22064	488	ਆਸਾ ਸੇਖ ਫਰੀਦ ਜੀਉ ਕੀ ਬਾਣੀ	ਮੁ-ਹੱਬਤਿ	Aasaa Saekh Fareedh Jeeo Kee Baanee	Aasaa, The Word Of Shaykh Fareed Jee:	ਰਾਗ ਆਸਾ ਵਿੱਚ ਸ਼ੇਖ ਫਰੀਦ ਜੀ ਦੀ ਬਾਣੀ।
22065	488	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

22066	488	ਦਿਲਹੁ ਮੁਹਬਤਿ ਜਿੰਨ੍ਹ ਸੇਈ ਸਚਿਆ॥		Dhilahu Muhabath Jinnh Saeee Sachiaa ||	They alone are true, whose love for God is deep and heart-felt.	ਜਿਨ੍ਹਾਂ ਮਨੁੱਖਾਂ ਦਾ ਰੱਬ ਨਾਲ ਦਿਲੋਂ ਪਿਆਰ ਹੈ, ਉਹੀ ਸੱਚੇ (ਆਸ਼ਕ) ਹਨ;
22067	488	ਜਿਨ੍ਹ ਮਨਿ ਹੋਰੁ ਮੁਖਿ ਹੋਰੁ ਸਿ ਕਾਂਢੇ ਕਚਿਆ॥੧॥	(ਕਾਂਢੇ) ਕਹੇ ਜਾਂਦੇ। ਕੱਚਿਆ	Jinh Man Hor Mukh Hor S Kaandtae Kachiaa ||1||	Those who have one thing in their heart, and something else in their mouth, are judged to be false. ||1||	ਪਰ ਜਿਨ੍ਹਾਂ ਦੇ ਮਨ ਵਿਚ ਹੋਰ ਹੈ ਤੇ ਮੂੰਹੋਂ ਕੁਝ ਹੋਰ ਆਖਦੇ ਹਨ ਉਹ ਕੱਚੇ (ਆਸ਼ਕ) ਆਖੇ ਜਾਂਦੇ ਹਨ ॥੧॥
22068	488	ਰਤੇ ਇਸਕ ਖੁਦਾਇ ਰੰਗਿ ਦੀਦਾਰ ਕੇ॥	(ਦੀਦਾਰ) ਦਰਸ਼ਨ	Rathae Eisak Khudhaae Rang Dheedhaar Kae ||	Those who are imbued with love for the Lord, are delighted by His Vision.	ਜੋ ਮਨੁੱਖ ਰੱਬ ਦੇ ਪਿਆਰ ਵਿਚ ਰੱਤੇ ਹੋਏ ਹਨ, ਜੋ ਮਨੁੱਖ ਰੱਬ ਦੇ ਦੀਦਾਰ ਵਿਚ ਰੰਗੇ ਹੋਏ ਹਨ, (ਉਹੀ ਅਸਲ ਮਨੁੱਖ ਹਨ)
22069	488	ਵਿਸਰਿਆ ਜਿਨ੍ਹ ਨਾਮੁ ਤੇ ਭੁਇ ਭਾਰੁ ਥੀਏ॥੧॥ਰਹਾਉ॥	(ਭੁਇ) ਧਰਤੀ ਤੇ। (ਥੀਏ) ਹੋਏ, ਬਣ ਗਏ	Visariaa Jinh Naam Thae Bhue Bhaar Thheeeae ||1|| Rehaao ||	Those who forget the Naam, the Name of the Lord, are a burden on the earth. ||1||Pause||	ਪਰ ਜਿਨ੍ਹਾਂ ਨੂੰ ਰੱਬ ਦਾ ਨਾਮ ਭੁੱਲ ਗਿਆ ਹੈ ਉਹ ਮਨੁੱਖ ਧਰਤੀ ਉੱਤੇ ਨਿਰਾ ਭਾਰ ਹੀ ਹਨ ॥੧॥ ਰਹਾਉ ॥
22070	488	ਆਪਿ ਲੀਏ ਲੜਿ ਲਾਇ ਦਰਿ ਦਰਵੇਸ ਸੇ॥	(ਦਰਵੇਸ) ਭਗਤ	Aap Leeeae Larr Laae Dhar Dharavaes Sae ||	Those whom the Lord attaches to the hem of His robe, are the true dervishes at His Door.	ਉਹੀ ਮਨੁੱਖ (ਰੱਬ ਦੇ) ਦਰਵਾਜ਼ੇ ਹਨ (ਉਹੀ ਮਨੁੱਖ ਰੱਬ ਦੇ ਦਰ ਤੋਂ ਇਸ਼ਕ ਦਾ ਖੈਰ ਮੰਗ ਸਕਦੇ ਹਨ) ਜਿਨ੍ਹਾਂ ਨੂੰ ਰੱਬ ਨੇ ਆਪ ਆਪਣੇ ਲੜ ਲਾਇਆ ਹੈ,

22071	488	ਤਿਨ ਧੰਨੁ ਜਣੇਦੀ ਮਾਉ ਆਏ ਸਫਲੁ ਸੇ॥੨॥	(ਮਾਉ) ਮਾਂ	Thin Dhhann Janaedhee Maao Aaeae Safal Sae ||2||	Blessed are the mothers who gave birth to them, and fruitful is their coming into the world. ||2||	ਉਹਨਾਂ ਦੀ ਜੰਮਣ ਵਾਲੀ ਮਾਂ ਭਾਗਾਂ ਵਾਲੀ ਹੈ, ਉਹਨਾਂ ਦਾ (ਜਗਤ ਵਿਚ) ਆਉਣਾ ਮੁਬਾਰਕ ਹੈ ॥੨॥
22072	488	ਪਰਵਦਗਾਰ ਅਪਾਰ ਅਗਮ ਬੇਅੰਤ ਤੂ॥	(ਪਰਵਦ-ਗਾਰ) ਪਾਲਣਹਾਰ	Paravadhagaar Apaar Agam Baeanth Thoo ||	O Lord, Sustainer and Cherisher, You are infinite, unfathomable and endless.	ਹੇ ਪਾਲਣਹਾਰ! ਹੇ ਬੇਅੰਤ! ਹੇ ਅਪਹੁੰਚ!
22073	488	ਜਿਨਾ ਪਛਾਤਾ ਸਚੁ ਚੁੰਮਾ ਪੈਰ ਮੂੰ॥੩॥	(ਮੂੰ) ਮੈਂ	Jinaa Pashhaathaa Sach Chunmaa Pair Moon ||3||	Those who recognize the True Lord - I kiss their feet. ||3||	ਜਿਨ੍ਹਾਂ ਨੇ ਇਹ ਸਮਝ ਲਿਆ ਹੈ ਕਿ ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਮੈਂ ਉਹਨਾਂ ਦੇ ਪੈਰ ਚੁੰਮਦਾ ਹਾਂ ॥੩॥
22074	488	ਤੇਰੀ ਪਨਹ ਖੁਦਾਇ ਤੂ ਬਖਸੰਦਗੀ॥	(ਪਨਹ) ਪਨਾਹ, ਓਟ। (ਬਖਸੰਦਗੀ) ਬਖ਼ਸ਼ਣਹਾਰ	Thaeree Paneh Khudhaae Thoo Bakhasandhagee ||	I seek Your Protection - You are the Forgiving Lord.	ਹੇ ਖ਼ੁਦਾ! ਮੈਨੂੰ ਤੇਰਾ ਹੀ ਆਸਰਾ ਹੈ, ਤੂੰ ਬਖ਼ਸ਼ਣ ਵਾਲਾ ਹੈਂ;
22075	488	ਸੇਖ ਫਰੀਦੈ ਖੈਰੁ ਦੀਜੈ ਬੰਦਗੀ॥੪॥੧॥		Saekh Fareedhai Khair Dheejai Bandhagee ||4||1||	Please, bless Shaykh Fareed with the bounty of Your meditative worship. ||4||1||	ਮੈਨੂੰ ਸੇਖ਼ ਫ਼ਰੀਦ ਨੂੰ ਆਪਣੀ ਬੰਦਗੀ ਦਾ ਖ਼ੈਰ ਪਾ ॥੪॥੧॥
22076	488	ਆਸਾ॥		Aasaa ||	Aasaa:	

22077	488	ਬੋਲੈ ਸੇਖ ਫਰੀਦੁ ਪਿਆਰੇ ਅਲਹ ਲਗੇ॥	ਅੱਲਹ ਲੱਗੇ	Bolai Saekh Fareedh Piaarae Aleh Lagae ||	Says Shaykh Fareed, O my dear friend, attach yourself to the Lord.	ਸ਼ੇਖ਼ ਫ਼ਰੀਦ ਆਖਦਾ ਹੈ-ਹੇ ਪਿਆਰੇ! ਰੱਬ (ਦੇ ਚਰਨਾਂ) ਵਿਚ ਜੁੜ;
22078	488	ਇਹੁ ਤਨੁ ਹੋਸੀ ਖਾਕ ਨਿਮਾਣੀ ਗੋਰ ਘਰੇ॥੧॥	(ਨਿਮਾਣੀ) ਜਿੰਦ। (ਗੋਰ) ਕਬਰ ਰੂਪੀ। (ਘਰੇ) ਘਰ ਚ	Eihu Than Hosee Khaak Nimaanee Gor Gharae ||1||	This body shall turn to dust, and its home shall be a neglected graveyard. ||1||	(ਤੇਰਾ) ਇਹ ਜਿਸਮ ਨੀਵੀਂ ਕਬਰ ਦੇ ਵਿਚ ਪੈ ਕੇ ਮਿੱਟੀ ਹੋ ਜਾਇਗਾ ॥੧॥
22079	488	ਆਜੁ ਮਿਲਾਵਾ ਸੇਖ ਫਰੀਦ ਟਾਕਿਮ ਕੂੰਜੜੀਆ ਮਨਹੁ ਮਚਿੰਦੜੀਆ॥੧॥ਰਹਾਉ॥	(ਟਾਕਿਮ)ਰੋਕਣਾ। (ਕੂੰਜੜੀਆ)ਇੰਦ੍ਰੀਆਂ। (ਮ-ਚਿੰਦੜੀਆਂ) ਮਨ ਨੂੰ ਮਚਾਉਣ ਚੰਚਲ ਕਰਨ ਵਾਲੀਆਂ	Aaj Milaavaa Saekh Fareedh Ttaakim Koonjarreeaa Manahu Machindharreeaa ||1|| Rehaao ||	You can meet the Lord today, O Shaykh Fareed, if you restrain your bird-like desires which keep your mind in turmoil. ||1||Pause||	ਹੇ ਸ਼ੇਖ ਫ਼ਰੀਦ! ਇਸ ਮਨੁੱਖਾ ਜਨਮ ਵਿਚ ਹੀ (ਰੱਬ ਨਾਲ) ਮੇਲ ਹੋ ਸਕਦਾ ਹੈ (ਇਸ ਵਾਸਤੇ ਇਹਨਾਂ) ਮਨ ਨੂੰ ਮਚਾਉਣ ਵਾਲੀਆਂ ਇੰਦ੍ਰੀਆਂ ਨੂੰ ਕਾਬੂ ਵਿਚ ਰੱਖ ॥੧॥ ਰਹਾਉ ॥
22080	488	ਜੇ ਜਾਣਾ ਮਰਿ ਜਾਈਐ ਘੁਮਿ ਨ ਆਈਐ॥	(ਘੁਮਿ) ਮੁੜ ਕੇ	Jae Jaanaa Mar Jaaeeai Ghum N Aaeeai ||	If I had known that I was to die, and not return again,	(ਹੇ ਪਿਆਰੇ ਮਨ!) ਜਦੋਂ ਤੈਨੂੰ ਪਤਾ ਹੈ ਕਿ ਆਖ਼ਰ ਮਰਨਾ ਹੈ ਤੇ ਮੁੜ (ਇਥੇ) ਨਹੀਂ ਆਉਣਾ,
22081	488	ਝੂਠੀ ਦੁਨੀਆ ਲਗਿ ਨ ਆਪੁ ਵਞਾਈਐ॥੨॥	(ਵਞਾਈਐ) ਗਵਾਈਏ	Jhoothee Dhuneeaa Lag N Aap Vanjaaeeai ||2||	I would not have ruined myself by clinging to the world of falsehood. ||2||	ਤਾਂ ਇਸ ਨਾਸਵੰਤ ਦੁਨੀਆ ਨਾਲ ਪ੍ਰੀਤ ਲਾ ਕੇ ਆਪਣਾ ਆਪ ਗਵਾਉਣਾ ਨਹੀਂ ਚਾਹੀਦਾ ॥੨॥

22082	488	ਬੋਲੀਐ ਸਚੁ ਧਰਮੁ ਝੂਠੁ ਨ ਬੋਲੀਐ॥		Boleeai Sach Dhharam Jhooth N Boleeai ||	So speak the Truth, in righteousness, and do not speak falsehood.	ਸੱਚ ਤੇ ਧਰਮ ਹੀ ਬੋਲਣਾ ਚਾਹੀਦਾ ਹੈ, ਝੂਠ ਨਹੀਂ ਬੋਲਣਾ ਚਾਹੀਦਾ,
22083	488	ਜੋ ਗੁਰੁ ਦਸੈ ਵਾਟ ਮੁਰੀਦਾ ਜੋਲੀਐ॥੩॥	(ਜੋੱਲੀਐ)ਚੱਲਣਾ ਕਰੀਏ। ਮੁਰੀਦਾਂ	Jo Gur Dhasai Vaatt Mureedhaa Joleeai ||3||	The disciple ought to travel the route, pointed out by the Guru. ||3||	ਜੋ ਰਸਤਾ ਗੁਰੂ ਦੱਸੇ ਉਸ ਰਸਤੇ ਤੇ ਮੁਰੀਦਾਂ ਵਾਂਗ ਤੁਰਨਾ ਚਾਹੀਦਾ ਹੈ ॥੩॥
22084	488	ਛੈਲ ਲੰਘੰਦੇ ਪਾਰਿ ਗੋਰੀ ਮਨੁ ਧੀਰਿਆ॥	(ਛੈਲ) ਜੁਆਨ, ਸੰਤ ਜਨ।ਲੰ-ਘਮਦੇ। (ਗੋਰੀ) ਕਮਜ਼ੋਰ ਇਸਤ੍ਰੀ। (ਧੀਰਿਆ) ਹੌਸਲੇ ਚ ਆਇਆ।	Shhail Langhandhae Paar Goree Man Dhheeriaa ||	Seeing the youths being carried across, the hearts of the beautiful young soul-brides are encouraged.	(ਕਿਸੇ ਦਰੀਆ ਤੋਂ) ਜੁਆਨਾਂ ਨੂੰ ਪਾਰ ਲੰਘਦਿਆਂ ਵੇਖ ਕੇ (ਕਮਜ਼ੋਰ) ਇਸਤ੍ਰੀ ਦਾ ਮਨ ਭੀ (ਹੌਸਲਾ ਫੜ ਲੈਂਦਾ ਹੈ (ਤੇ ਲੰਘਣ ਦਾ ਹੀਆ ਕਰਦੀ ਹੈ; ਇਸੇ ਤਰ੍ਹਾਂ ਸੰਤ ਜਨਾਂ ਨੂੰ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘਦਿਆਂ ਵੇਖ ਕੇ ਕਮਜ਼ੋਰ-ਦਿਲ ਮਨੁੱਖ ਨੂੰ ਭੀ ਹੌਸਲਾ ਪੈ ਜਾਂਦਾ ਹੈ)
22085	488	ਕੰਚਨ ਵੰਨੇ ਪਾਸੇ ਕਲਵਤਿ ਚੀਰਿਆ॥੪॥	(ਕੰਚਨ) ਸੋਨਾ ਧਨ ਪਦਾਰਥ (ਵੰਨੇ) ਵਾਲੇ ਪਾਸੇ। (ਕਲਵੱਤਿ) ਆਰੇ ਨਾਲ	Kanchan Vannae Paasae Kalavath Cheeriaa ||4||	Those who side with the glitter of gold, are cut down with a saw. ||4||	(ਤਾਂ ਤੇ ਹੇ ਮਨ! ਤੂੰ ਸੰਤ ਜਨਾਂ ਦੀ ਸੰਗਤਿ ਕਰ! ਵੇਖ) ਜੋ ਮਨੁੱਖ ਨਿਰੇ ਸੋਨੇ ਵਾਲੇ ਪਾਸੇ (ਭਾਵ, ਮਾਇਆ ਜੋੜਨ ਵਲ ਲੱਗ) ਪੈਂਦੇ ਹਨ ਉਹ ਆਰੇ ਨਾਲ ਚੀਰੇ ਜਾਂਦੇ ਹਨ (ਭਾਵ, ਬਹੁਤ ਦੁੱਖੀ ਜੀਵਨ ਬਿਤੀਤ ਕਰਦੇ ਹਨ) ॥੪॥

22086	488	ਸੇਖ ਹੈਯਾਤੀ ਜਗਿ ਨ ਕੋਈ ਥਿਰੁ ਰਹਿਆ॥	(ਹੈ-ਯਾਤੀ)ਅਮਰ ਹੋ ਕੇ ਅਪਣੀ ਉਮਰ ਤੋਂ ਉਪ੍ਰੰਤ। ਹੈ-ਯਾਤੀ: ਯ ਤਾਲੂ ਤੋਂ ਬੋਲੋ	Saekh Haiyaathee Jag N Koee Thhir Rehiaa ||	O Shaykh, no one's life is permanent in this world.	ਹੇ ਸ਼ੇਖ਼ ਫ਼ਰੀਦ! ਜਗਤ ਵਿਚ ਕੋਈ ਸਦਾ ਲਈ ਉਮਰ ਨਹੀਂ ਭੋਗ ਸਕਿਆ।
22087	488	ਜਿਸੁ ਆਸਣਿ ਹਮ ਬੈਠੇ ਕੇਤੇ ਬੈਸਿ ਗਇਆ॥੫॥	(ਆਸਣਿ) ਥਾਂ ਤੇ	Jis Aasan Ham Baithae Kaethae Bais Gaeiaa ||5||	That seat, upon which we now sit - many others sat on it and have since departed. ||5||	(ਵੇਖ!) ਜਿਸ (ਧਰਤੀ ਦੇ ਇਸ) ਥਾਂ ਤੇ ਅਸੀਂ (ਹੁਣ) ਬੈਠੇ ਹਾਂ (ਇਸ ਧਰਤੀ ਉੱਤੇ) ਕਈ ਬਹਿ ਕੇ ਚਲੇ ਗਏ ॥੫॥
22088	488	ਕਤਿਕ ਕੂੰਜਾਂ ਚੇਤਿ ਡਉ ਸਾਵਣਿ ਬਿਜੁਲੀਆਂ॥	(ਡਉ)ਜੰਗਲ ਦੀ ਅੱਗ, ਬਾਂਸ ਘਸਣ ਤੋਂ ਪੈਦਾ ਹੁੰਦੀ ਹੈ	Kathik Koonjaan Chaeth Ddo Saavan Bijuleeaaan ||	As the swallows appear in the month of Katik, forest fires in the month of Chayt, and lightning in Saawan,	ਕੱਤਕ ਦੇ ਮਹੀਨੇ ਕੂੰਜਾਂ (ਆਉਂਦੀਆਂ ਹਨ); ਚੇਤਰ ਵਿਚ ਜੰਗਲਾਂ ਨੂੰ ਅੱਗ (ਲੱਗ ਪੈਂਦੀ ਹੈ), ਸਾਉਣ ਵਿਚ ਬਿਜਲੀਆਂ (ਚਮਕਦੀਆਂ ਹਨ),
22089	488	ਸੀਆਲੇ ਸੋਹੰਦੀਆਂ ਪਿਰ ਗਲਿ ਬਾਹੜੀਆਂ॥੬॥	ਗਲ਼ਿ: ਪੋਲਾ ਬੋਲੋ	Seeaalae Sohandheeaaan Pir Gal Baaharreeaaan ||6||	And as the bride's arms adorn her husband's neck in winter;||6||	ਸਿਆਲ ਵਿਚ (ਇਸਤ੍ਰੀਆਂ ਦੀਆਂ) ਸੁਹਣੀਆਂ ਬਾਹਾਂ (ਆਪਣੇ) ਖਸਮਾਂ ਦੇ ਗਲ ਵਿਚ ਸੋਭਦੀਆਂ ਹਨ ॥੬॥

22090	488	ਚਲੇ ਚਲਣਹਾਰ ਵਿਚਾਰਾ ਲੇਇ ਮਨੋ॥	ਚੱਲੇ। ਚੱਲਣਹਾਰ। (ਵਿਚਾਰਾ) ਵਿਚਾਰ।	Chalae Chalanehaar Vichaaraa Laee Mano ||	Just so, the transitory human bodies pass away. Reflect upon this in your mind.	(ਇਸੇ ਤਰ੍ਹਾਂ ਜਗਤ ਦੀ ਸਾਰੀ ਕਾਰ ਆਪੋ ਆਪਣੇ ਸਮੇ ਸਿਰ ਹੋ ਕੇ ਤੁਰੀ ਜਾ ਰਹੀ ਹੈ; ਜਗਤ ਤੋਂ) ਤੁਰ ਜਾਣ ਵਾਲੇ ਜੀਵ (ਆਪੋ ਆਪਣਾ ਸਮਾ ਲੰਘਾ ਕੇ) ਤੁਰੇ ਜਾ ਰਹੇ ਹਨ; ਹੇ ਮਨ! ਵਿਚਾਰ ਕੇ ਵੇਖ,
22091	488	ਗੰਢੇਦਿਆਂ ਛਿਅ ਮਾਹ ਤੁੜੰਦਿਆ ਹਿਕੁ ਖਿਨੋ॥੭॥	ਤੁ-ੜੰਦਿਆਂ। (ਹਿਕੁ) ਇੱਕ। (ਖਿਨੋ) ਪਲ।	Gandtaedhiaaan Shhia Maah Thurrandhiaa Hik Khino ||7||	It takes six months to form the body, but it breaks in an instant. ||7||	ਜਿਸ ਸਰੀਰ ਦੇ ਬਣਨ ਵਿਚ ਛੇ ਮਹੀਨੇ ਲੱਗਦੇ ਹਨ ਉਸ ਦੇ ਨਾਸ ਹੁੰਦਿਆਂ ਇਕ ਪਲ ਹੀ ਲੱਗਦਾ ਹੈ ॥੭॥
22092	488	ਜਿਮੀ ਪੁਛੈ ਅਸਮਾਨ ਫਰੀਦਾ ਖੇਵਟ ਕਿੰਨਿ ਗਏ॥	(ਖੇਵਟ)ਮਲਾਹ ਪੀਰ	Jimee Pushhai Asamaan Fareedhaa Khaevatt Kinn Geae ||	O Fareed, the earth asks the sky, ""Where have the boatmen gone?""	ਹੇ ਫ਼ਰੀਦ! ਇਸ ਗੱਲ ਦੇ ਜ਼ਿਮੀਂ ਅਸਮਾਨ ਗਵਾਹ ਹਨ ਕਿ ਬੇਅੰਤ ਉਹ ਬੰਦੇ ਇਥੋਂ ਚਲੇ ਗਏ ਜਿਹੜੇ ਆਪਣੇ ਆਪ ਨੂੰ ਵੱਡੇ ਆਗੂ ਅਖਵਾਉਂਦੇ ਸਨ।
22093	488	ਜਾਲਣ ਗੋਰਾਂ ਨਾਲਿ ਉਲਾਮੇ ਜੀਅ ਸਹੇ॥੮॥੨॥	(ਗੋਰਾਂ) ਕਬਰਾਂ	Jaalan Goraan Naal Oulaamae Jeea Sehae ||8||2||	Some have been cremated, and some lie in their graves; their souls are suffering rebukes. ||8||2||	ਸਰੀਰ ਤਾਂ ਕਬਰਾਂ ਵਿਚ ਗਲ ਜਾਂਦੇ ਹਨ, (ਪਰ ਕੀਤੇ ਕਰਮਾਂ ਦੇ) ਔਖ-ਸੌਖ ਜਿੰਦ ਸਹਾਰਦੀ ਹੈ ॥੮॥੨॥

22094	489	੧ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22095	489	ਰਾਗੁ ਗੂਜਰੀ ਮਹਲਾ ੧ ਚਉਪਦੇ ਘਰੁ ੧॥		Raag Goojaree Mehalaa 1 Choupadhae Ghar 1 ||	Raag Goojaree, First Mehl, Chau-Padas, First House:	ਰਾਗ ਗੂਜਰੀ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
22096	489	ਤੇਰਾ ਨਾਮੁ ਕਰੀ ਚਨਣਾਠੀਆ ਜੇ ਮਨੁ ਉਰਸਾ ਹੋਇ॥	(ਚਨਣਾਠੀਆ)ਚੰਨਣ ਦੀ ਲੱਕੜ। (ਉਰਸਾ)ਚੰਨਣ ਘਸਾਉਣ ਵਾਲੀ ਸਿਲਾ ਦੀ ਨਿਆਈ ਮਨ ਅਚੱਲ ਹੋਵੇ	Thaeraa Naam Karee Chananaatheeaa Jae Man Ourasaa Hoe ||	I would make Your Name the sandalwood, and my mind the stone to rub it on;	(ਹੇ ਪ੍ਰਭੂ!) ਜੇ ਮੈਂ ਤੇਰੇ ਨਾਮ (ਦੀ ਯਾਦ) ਨੂੰ ਚੰਨਣ ਦੀ ਲੱਕੜੀ ਬਣਾ ਲਵਾਂ, ਜੇ ਮੇਰਾ ਮਨ (ਉਸ ਚੰਦਨ ਦੀ ਲੱਕੜੀ ਨੂੰ ਘਸਾਣ ਵਾਸਤੇ) ਸਿਲ ਬਣ ਜਾਏ,
22097	489	ਕਰਣੀ ਕੁੰਗੂ ਜੇ ਰਲੈ ਘਟ ਅੰਤਰਿ ਪੂਜਾ ਹੋਇ॥੧॥	(ਕਰਣੀ) ਚੰਗੇ ਕਰਮ। (ਕੁੰਗੂ) ਕੇਸਰ। (ਘਟ) ਹਿਰਦੇ ਚ	Karanee Kungoo Jae Ralai Ghatt Anthar Poojaa Hoe ||1||	For saffron, I would offer good deeds; thus, I perform worship and adoration within my heart. ||1||	ਜੇ ਮੇਰਾ ਉੱਚਾ ਆਚਰਨ (ਇਹਨਾਂ ਦੇ ਨਾਲ) ਕੇਸਰ (ਬਣ ਕੇ) ਰਲ ਜਾਏ, ਤਾਂ ਤੇਰੀ ਪੂਜਾ ਮੇਰੇ ਹਿਰਦੇ ਦੇ ਅੰਦਰ ਹੀ ਪਈ ਹੋਵੇਗੀ ॥੧॥

22098	489	ਪੂਜਾ ਕੀਚੈ ਨਾਮੁ ਧਿਆਈਐ ਬਿਨੁ ਨਾਵੈ ਪੂਜ ਨ ਹੋਇ॥੧॥ਰਹਾਉ॥	(ਕੀਚੈ) ਕਰੀਏ। (ਬਿਨੁ) ਬਿਨ੍ਹਾਂ। (ਨਾਵੈ) ਨਾਮ	Poojaa Keechai Naam Dhhiaaeeai Bin Naavai Pooj N Hoe ||1|| Rehaao ||	Perform worship and adoration by meditating on the Naam, the Name of the Lord; without the Name, there is no worship and adoration. ||1||Pause||	ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ, ਇਹੀ ਪੂਜਾ ਕਰਨੀ ਚਾਹੀਦੀ ਹੈ। ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਹੋਰ ਕੋਈ ਪੂਜਾ (ਐਸੀ) ਨਹੀਂ (ਜੋ ਪਰਵਾਨ ਹੋ ਸਕੇ) ॥੧॥ ਰਹਾਉ ॥
22099	489	ਬਾਹਰਿ ਦੇਵ ਪਖਾਲੀਅਹਿ ਜੇ ਮਨੁ ਧੋਵੈ ਕੋਇ॥	(ਬਾਹਰਿ) ਬਾਹਰੋਂ। (ਦੇਵ) ਦੇਹੀ। (ਪਖਾਲੀ-ਅਹਿ) ਧੋਣਾ ਕੀਤਾ ਹੈ ਪਰ। (ਮਨੁ)ਹਿਰਦੇ ਨਾਮ ਨਾਲ। (ਕੋਇ)ਕਿਉਂ ਨਹੀਂ ਧੋਇਆ ਜੇ?	Baahar Dhaev Pakhaaleeahi Jae Man Dhhovai Koe ||	If one were to wash his heart inwardly, like the stone idol which is washed on the outside,	ਜਿਵੇਂ ਬਾਹਰ ਦੇਵ-ਮੂਰਤੀਆਂ ਦੇ ਇਸ਼ਨਾਨ ਕਰਾਈਦੇ ਹਨ, ਤਿਵੇਂ ਜੇ ਕੋਈ ਮਨੁੱਖ ਆਪਣੇ ਮਨ ਨੂੰ (ਨਾਮ-ਸਿਮਰਨ ਨਾਲ) ਧੋਵੇ,
22100	489	ਜੂਠਿ ਲਹੈ ਜੀਉ ਮਾਜੀਐ ਮੋਖ ਪਇਆਣਾ ਹੋਇ॥੨॥	ਨਾਮ ਸਿਮਰਨ ਨਾਲ (ਜੀਉ)ਮਨ (ਮਾਜੀਐ)ਮਾਂਜਕੇ (ਜੂਠਿ)ਅਪਵਿਤ੍ਰਤਾ (ਲਹੈ)ਲੱਥਦੀ ਹੈ ਅਤੇ ਵਿਕਾਰਾਂ ਤੋਂ ਦੂਰ (ਮੋਖ)ਮੁਕਤੀ ਦੇ ਰਾਹ ਤੇ (ਪ-ਇਆਣਾ)ਚਲਨਾ (ਹੋਇ)ਹੁੰਦਾ ਹੈ	Jooth Lehai Jeeo Maajeeai Mokh Paeiaanaa Hoe ||2||	His filth would be removed, his soul would be cleansed, and he would be liberated when he departs. ||2||	ਤਾਂ ਉਸ ਦੇ ਮਨ ਦੀ ਵਿਕਾਰਾਂ ਦੀ ਮੈਲ ਲਹਿ ਜਾਂਦੀ ਹੈ, ਉਸ ਦੀ ਜਿੰਦ ਸੁੱਧ-ਪਵਿਤ੍ਰ ਹੋ ਜਾਂਦੀ ਹੈ, ਉਸ ਦਾ ਜੀਵਨ-ਸਫ਼ਰ ਵਿਕਾਰਾਂ ਤੋਂ ਆਜ਼ਾਦ ਹੋ ਜਾਂਦਾ ਹੈ ॥੨॥

22101	489	ਪਸੂ ਮਿਲਹਿ ਚੰਗਿਆਈਆ ਖੜੁ ਖਾਵਹਿ ਅੰਮ੍ਰਿਤੁ ਦੇਹਿ॥	(ਖੜੁ)ਘਾਹ। ਖਵ:ੜ ਹਲੰਤ ਨ ਲਾਉ	Pasoo Milehi Changiaaeeaa Kharr Khaavehi Anmrith Dhaehi ||	Even beasts have value, as they eat grass and give milk.	(ਇਸ ਧਰਤੀ ਉਤੇ ਮਨੁੱਖ, ਪਸ਼ੂ ਪੰਛੀ ਆਦਿਕ ਸਭ ਦਾ ਸਿਰਦਾਰ ਮੰਨਿਆ ਜਾਂਦਾ ਹੈ, ਪਰ) ਪਸ਼ੂਆਂ ਨੂੰ ਸ਼ਾਬਾਸ਼ੇ ਮਿਲਦੀਆਂ ਹਨ, ਉਹ ਘਾਹ ਖਾਂਦੇ ਹਨ ਤੇ (ਦੁੱਧ ਵਰਗਾ) ਉੱਤਮ ਪਦਾਰਥ ਦੇਂਦੇ ਹਨ।
22102	489	ਨਾਮ ਵਿਹੂਣੇ ਆਦਮੀ ਧ੍ਰਿਗੁ ਜੀਵਣ ਕਰਮ ਕਰੇਹਿ॥੩॥	(ਵਿਹੂਣੇ)ਸਖਣੇ। (ਧ੍ਰਿਗ) ਲਾਹਨਤ	Naam Vihoonae Aadhamee Dhhrig Jeevan Karam Karaehi ||3||	Without the Naam, the mortal's life is cursed, as are the actions he performs. ||3||	ਨਾਮ ਤੋਂ ਸੱਖਣੇ ਮਨੁੱਖਾਂ ਦਾ ਜੀਵਨ ਫਿਟਕਾਰ-ਜੋਗ ਹੈ ਕਿਉਂਕਿ ਉਹ (ਨਾਮ ਵਿਸਾਰ ਕੇ ਹੋਰ ਹੋਰ) ਕੰਮ ਹੀ ਕਰਦੇ ਹਨ ॥੩॥
22103	489	ਨੇੜਾ ਹੈ ਦੂਰਿ ਨ ਜਾਣਿਅਹੁ ਨਿਤ ਸਾਰੇ ਸੰਮ੍ਹਾਲੇ॥	(ਸਾਰੇ)ਸੱਭ। (ਸੰਮ੍ਹਾਲੇ) ਸੰਭਾਲਦੇ ਹਨ	Naerraa Hai Dhoor N Jaaniahu Nith Saarae Sanmhaalae ||	The Lord is hear at hand - do not think that He is far away. He always cherishes us, and remembers us.	(ਹੇ ਭਾਈ!) ਸਾਡੀ ਤੇ ਪ੍ਰਭੂ ਦੀ ਬੜੀ ਨੇੜੇ ਦੀ ਸਾਂਝ ਹੈ (ਇਤਨੀ ਨੇੜੇ ਦੀ ਕਿ) ਜੋ ਕੁਝ ਉਹ ਸਾਨੂੰ ਦੇਂਦਾ ਹੈ ਉਹੀ ਅਸੀਂ ਖਾਂਦੇ ਹਾਂ (ਖਾ ਕੇ ਜੀਵਨ-ਨਿਰਬਾਹ ਕਰਦੇ ਹਾਂ), ਉਹ (ਦਾਤਾ) ਹੈ ਭੀ ਸਦਾ (ਸਾਡੇ ਸਿਰ ਉਤੇ) ਕਾਇਮ।
22104	489	ਜੋ ਦੇਵੈ ਸੋ ਖਾਵਣਾ ਕਹੁ ਨਾਨਕ ਸਾਚਾ ਹੇ॥੪॥੧॥		Jo Dhaevai So Khaavanaa Kahu Naanak Saachaa Hae ||4||1||	Whatever He gives us, we eat; says Nanak, He is the True Lord. ||4||1||	ਨਾਨਕ ਆਖਦਾ ਹੈ- ਉਸ ਨੂੰ ਆਪਣੇ ਤੋਂ ਦੂਰ ਨਾਹ ਸਮਝੋ, ਉਹ ਸਦਾ ਸਾਡੀ ਸਾਰ ਲੈਂਦਾ ਹੈ ਸੰਭਾਲ ਕਰਦਾ ਹੈ (ਮੂਰਤੀਆਂ ਦੀ ਪੂਜਾ ਕਰਨ ਦੇ ਥਾਂ ਉਸ ਹਾਜ਼ਰ-ਨਾਜ਼ਰ ਪ੍ਰਭੂ ਦਾ ਨਾਮ ਧਿਆਵੋ) ॥੪॥੧॥

22105	489	ਗੂਜਰੀ ਮਹਲਾ ੧॥		Goojaree Mehalaa 1 ||	Goojaree, First Mehl:	
22106	489	ਨਾਭਿ ਕਮਲ ਤੇ ਬ੍ਰਹਮਾ ਉਪਜੇ ਬੇਦ ਪੜਹਿ ਮੁਖਿ ਕੰਠਿ ਸਵਾਰਿ॥		Naabh Kamal Thae Brehamaa Oupajae Baedh Parrehi Mukh Kanth Savaar ||	From the lotus of Vishnu's navel, Brahma was born; He chanted the Vedas with a melodious voice.	(ਪੁਰਾਣਾਂ ਵਿਚ ਕਥਾ ਆਉਂਦੀ ਹੈ ਕਿ ਜਿਸ ਬ੍ਰਹਮਾ ਦੇ ਰਚੇ ਹੋਏ) ਵੇਦ (ਪੰਡਿਤ ਲੋਕ) ਮੂੰਹੋਂ ਗਲੇ ਨਾਲ ਮਿੱਠੀ ਸੁਰ ਵਿਚ ਨਿੱਤ ਪੜ੍ਹਦੇ ਹਨ, ਉਹ ਬ੍ਰਹਮਾ ਵਿਸ਼ਨੂੰ ਦੀ ਧੁੰਨੀ ਵਿਚੋਂ ਉੱਗੇ ਹੋਏ ਕੌਲ ਦੀ ਨਾਲ ਤੋਂ ਜੰਮਿਆ,
22107	489	ਤਾ ਕੋ ਅੰਤੁ ਨ ਜਾਈ ਲਖਣਾ ਆਵਤ ਜਾਤ ਰਹੈ ਗੁਬਾਰਿ॥੧॥	ਲਖਣਾ:ਪੋਲਾ ਬੋਲੋ। (ਗੁਬਾਰਿ) ਹਨ੍ਹੇਰਾ	Thaa Ko Anth N Jaaee Lakhanaa Aavath Jaath Rehai Gubaar ||1||	He could not find the Lord's limits, and he remained in the darkness of coming and going. ||1||	(ਤੇ ਆਪਣੇ ਜਨਮ-ਦਾਤੇ ਦੀ ਕੁਦਰਤਿ ਦਾ ਅੰਤ ਲੱਭਣ ਲਈ ਉਸ ਨਾਲ ਵਿਚ ਚੱਲ ਪਿਆ, ਕਈ ਜੁਗ ਉਸ ਨਾਲ ਦੇ) ਹਨੇਰੇ ਵਿਚ ਹੀ ਆਉਂਦਾ ਜਾਂਦਾ ਰਿਹਾ, ਪਰ ਉਸ ਦਾ ਅੰਤ ਨਾਹ ਲੱਭ ਸਕਿਆ ॥੧॥
22108	489	ਪ੍ਰੀਤਮ ਕਿਉ ਬਿਸਰਹਿ ਮੇਰੇ ਪ੍ਰਾਣ ਅਧਾਰ॥		Preetham Kio Bisarehi Maerae Praan Adhhaar ||	Why should I forget my Beloved? He is the support of my very breath of life.	ਹੇ ਮੇਰੀ ਜ਼ਿੰਦਗੀ ਦੇ ਆਸਰੇ ਪ੍ਰੀਤਮ! ਮੈਨੂੰ ਨਾਹ ਭੁੱਲ।

22109	489	ਜਾ ਕੀ ਭਗਤਿ ਕਰਹਿ ਜਨ ਪੂਰੇ ਮੁਨਿ ਜਨ ਸੇਵਹਿ ਗੁਰ ਵੀਚਾਰਿ॥੧॥ਰਹਾਉ ॥		Jaa Kee Bhagath Karehi Jan Poorae Mun Jan Saevehi Gur Veechaar ||1|| Rehaao ||	The perfect beings perform devotional worship to Him. The silent sages serve Him through the Guru's Teachings. ||1||Pause||	ਤੂੰ ਉਹ ਹੈਂ ਜਿਸ ਦੀ ਭਗਤੀ ਪੂਰਨ ਪੁਰਖ ਸਦਾ ਕਰਦੇ ਰਹਿੰਦੇ ਹਨ, ਜਿਸ ਨੂੰ ਰਿਸ਼ੀ ਮੁਨੀ ਗੁਰੂ ਦੀ ਦੱਸੀ ਸੂਝ ਦੇ ਆਸਰੇ ਸਦਾ ਸਿਮਰਦੇ ਹਨ ॥੧॥ ਰਹਾਉ ॥
22110	489	ਰਵਿ ਸਸਿ ਦੀਪਕ ਜਾ ਕੇ ਤ੍ਰਿਭਵਣਿ ਏਕਾ ਜੋਤਿ ਮੁਰਾਰਿ॥	(ਦੀਪਕ) ਦੀਵੇ	Rav Sas Dheepak Jaa Kae Thribhavan Eaekaa Joth Muraar ||	His lamps are the sun and the moon; the One Light of the Destroyer of ego fills the three worlds.	ਉਹ ਪ੍ਰਭੂ ਇਤਨਾ ਵੱਡਾ ਹੈ ਕਿ ਸੂਰਜ ਤੇ ਚੰਦ੍ਰਮਾ ਉਸ ਦੇ ਤ੍ਰਿਭਵਣੀ ਜਗਤ ਵਿਚ (ਮਾਨੋ ਨਿਕੇ ਜਿਹੇ) ਦੀਵੇ (ਹੀ) ਹਨ, ਸਾਰੇ ਜਗਤ ਵਿਚ ਉਸੇ ਦੀ ਜੋਤਿ ਵਿਆਪਕ ਹੈ।
22111	489	ਗੁਰਮੁਖਿ ਹੋਇ ਸੁ ਅਹਿ ਨਿਸਿ ਨਿਰਮਲੁ ਮਨਮੁਖਿ ਰੈਣਿ ਅੰਧਾਰਿ॥੨॥		Guramukh Hoe S Ahinis Niramal Manamukh Rain Andhhaar ||2||	One who becomes Gurmukh remains immaculately pure, day and night, while the self-willed manmukh is enveloped by the darkness of night. ||2||	ਜੇਹੜਾ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਉਸ ਨੂੰ ਦਿਨ ਰਾਤ ਮਿਲਦਾ ਹੈ ਉਹ ਪਵਿਤ੍ਰ ਜੀਵਨ ਵਾਲਾ ਹੋ ਜਾਂਦਾ ਹੈ। ਜੋ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ ਉਸ ਦੀ ਜ਼ਿੰਦਗੀ ਦੀ ਰਾਤ (ਅਗਿਆਨਤਾ ਦੇ) ਹਨੇਰੇ ਵਿਚ ਬੀਤਦੀ ਹੈ ॥੨॥

22112	489	ਸਿਧ ਸਮਾਧਿ ਕਰਹਿ ਨਿਤ ਝਗਰਾ ਦੁਹੁ ਲੋਚਨ ਕਿਆ ਹੇਰੈ॥	(ਹੇਰੈ) ਦੇਖਣ	Sidhh Samaadhh Karehi Nith Jhagaraa Dhuhu Lochan Kiaa Haerai ||	The Siddhas in Samaadhi are continually in conflict; what can they see with their two eyes?	ਵੱਡੇ ਵੱਡੇ ਜੋਗੀ (ਆਪਣੇ ਹੀ ਉੱਦਮ ਦੀ ਟੇਕ ਰੱਖ ਕੇ) ਸਮਾਧੀਆਂ ਲਾਂਦੇ ਹਨ ਤੇ ਮਨ ਨੂੰ ਜਿੱਤਣ ਦੇ ਜਤਨ ਕਰਦੇ ਹਨ (ਪਰ ਜੇਹੜਾ ਮਨੁੱਖ ਆਪਣੇ ਉੱਦਮ ਉਤੇ ਹੀ ਟੇਕ ਰੱਖੇ, ਉਸ ਨੂੰ) ਉਹ ਅੰਦਰ-ਵੱਸਦੀ ਜੋਤਿ ਇਹਨਾਂ ਅੱਖਾਂ ਨਾਲ ਨਹੀਂ ਦਿੱਸਦੀ।
22113	489	ਅੰਤਰਿ ਜੋਤਿ ਸਬਦੁ ਧੁਨਿ ਜਾਗੈ ਸਤਿਗੁਰੁ ਝਗਰੁ ਨਿਬੇਰੈ॥੩॥		Anthar Joth Sabadh Dhhun Jaagai Sathigur Jhagar Nibaerai ||3||	One who has the Divine Light within his heart, and is awakened to the melody of the Word of the Shabad - the True Guru settles his conflicts. ||3||	(ਜੋ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ) ਉਸ ਦਾ ਮਨ ਵਾਲਾ ਝਗੜਾ ਗੁਰੂ ਮੁਕਾ ਦੇਂਦਾ ਹੈ, ਉਸ ਦੇ ਅੰਦਰ ਗੁਰੂ ਦਾ ਸ਼ਬਦ-ਰੂਪ ਮਿੱਠੀ ਲਗਨ ਲੱਗ ਪੈਂਦੀ ਹੈ, ਉਸ ਦੇ ਅੰਦਰ ਪਰਮਾਤਮਾ ਦੀ ਜੋਤਿ ਜਗ ਪੈਂਦੀ ਹੈ ॥੩॥
22114	489	ਸੁਰਿ ਨਰ ਨਾਥ ਬੇਅੰਤ ਅਜੋਨੀ ਸਾਚੈ ਮਹਲਿ ਅਪਾਰਾ॥	(ਅਜੋਨੀ) ਅਕਾਲ ਪੁਰਖੁ ਜੂਨਾਂ ਤੋਂ ਰਹਿਤ	Sur Nar Naathh Baeanth Ajonee Saachai Mehal Apaaraa ||	O Lord of angels and men, infinite and unborn, Your True Mansion is incomparable.	ਹੇ ਦੇਵਤਿਆਂ ਤੇ ਮਨੁੱਖਾਂ ਦੇ ਖਸਮ! ਹੇ ਬੇਅੰਤ! ਹੇ ਜੂਨ-ਰਹਿਤ! ਤੇ ਅਟੱਲ ਮਹਲ ਵਿਚ ਟਿਕੇ ਰਹਿਣ ਵਾਲੇ ਅਪਾਰ ਪ੍ਰਭੂ!

22115	489	ਨਾਨਕ ਸਹਜਿ ਮਿਲੇ ਜਗਜੀਵਨ ਨਦਰਿ ਕਰਹੁ ਨਿਸਤਾਰਾ॥੪॥੨॥	(ਸਹਿਜ) ਅਨੰਦ ਸਰੂਪ। ਜੱਗਜੀਵਨ	Naanak Sehaj Milae Jagajeevan Nadhar Karahu Nisathaaraa ||4||2||	Nanak merges imperceptibly into the Life of the world; shower Your mercy upon him, and save him. ||4||2||	ਹੇ ਨਾਨਕ! (ਅਰਦਾਸ ਕਰ-) ਹੇ ਜਗਤ ਦੇ ਜੀਵਨ! (ਮੇਹਰ ਕਰ ਮੈਨੂੰ) ਅਡੋਲਤਾ ਵਿਚ ਨਿਵਾਸ ਮਿਲੇ। ਮੇਹਰ ਦੀ ਨਿਗਾਹ ਕਰ ਕੇ ਮੇਰਾ ਬੇੜਾ ਪਾਰ ਕਰ ॥੪॥੨॥
22116	490	ਰਾਗੁ ਗੂਜਰੀ ਮਹਲਾ ੩ ਘਰੁ ੧		Raag Goojaree Mehalaa 3 Ghar 1	Raag Goojaree, Third Mehl, First House:	ਰਾਗ ਗੂਜਰੀ, ਘਰ ੧ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।
22117	490	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22118	490	ਧ੍ਰਿਗੁ ਇਵੇਹਾ ਜੀਵਣਾ ਜਿਤੁ ਹਰਿ ਪ੍ਰੀਤਿ ਨ ਪਾਇ॥		Dhhrig Eivaehaa Jeevanaa Jith Har Preeth N Paae ||	Cursed is that life, in which the Lord's Love is not obtained.	(ਹੇ ਮੇਰੇ ਮਨ!) ਇਹੋ ਜਿਹਾ ਜੀਵਨ ਫਿਟਕਾਰ-ਜੋਗ ਹੈ ਜਿਸ ਜੀਊਣ ਵਿਚ ਪਰਮਾਤਮਾ ਨਾਲ ਪਿਆਰ ਨਾਹ ਬਣੇ,
22119	490	ਜਿਤੁ ਕੰਮਿ ਹਰਿ ਵੀਸਰੈ ਦੂਜੈ ਲਗੈ ਜਾਇ॥੧॥		Jith Kanm Har Veesarai Dhoojai Lagai Jaae ||1||	Cursed is that occupation, in which the Lord is forgotten, and one becomes attached to duality. ||1||	(ਐਸਾ ਭੀ ਕੰਮ ਫਿਟਕਾਰ-ਜੋਗ ਹੈ) ਜਿਸ ਕੰਮ ਵਿਚ ਲੱਗਿਆਂ ਪਰਮਾਤਮਾ ਭੁੱਲ ਜਾਏ, ਅਤੇ ਮਨੁੱਖ ਮਾਇਆ ਦੇ ਮੋਹ ਵਿਚ ਜਾ ਫਸੇ ॥੧॥

22120	490	ਐਸਾ ਸਤਿਗੁਰੁ ਸੇਵੀਐ ਮਨਾ ਜਿਤੁ ਸੇਵਿਐ ਗੋਵਿਦ ਪ੍ਰੀਤਿ ਉਪਜੈ ਅਵਰ ਵਿਸਰਿ ਸਭ ਜਾਇ॥		Aisaa Sathigur Saeveeai Manaa Jith Saeviai Govidh Preeth Oopajai Avar Visar Sabh Jaae ||	Serve such a True Guru, O my mind, that by serving Him, God's Love may be produced, and all others may be forgotten.	ਹੇ ਮੇਰੇ ਮਨ! ਇਹੋ ਜਿਹੇ ਗੁਰੂ ਦੀ ਸਰਨ ਪੈਣਾ ਚਾਹੀਦਾ ਹੈ ਜਿਸ ਦੀ ਸਰਨ ਪਿਆਂ ਪਰਮਾਤਮਾ ਨਾਲ ਪਿਆਰ ਪੈਦਾ ਹੋ ਜਾਏ, ਅਤੇ ਹੋਰ (ਮਾਇਆ ਆਦਿਕ) ਦਾ ਪਿਆਰ ਸਾਰਾ ਭੁਲ ਜਾਏ,
22121	490	ਹਰਿ ਸੇਤੀ ਚਿਤੁ ਗਹਿ ਰਹੈ ਜਰਾ ਕਾ ਭਉ ਨ ਹੋਵਈ ਜੀਵਨਪਦਵੀ ਪਾਇ॥੧॥ਰਹਾਉ॥	(ਸੇਤੀ) ਨਾਲ। (ਜਰਾ) ਬੁਢੇਪਾ। (ਜੀਵਨਪਦਵੀ) ਗਿਆਨ ਅਵਸਥਾ	Har Saethee Chith Gehi Rehai Jaraa Kaa Bho N Hovee Jeevan Padhavee Paae ||1|| Rehaao ||	Your consciousness shall remain attached to the Lord; there shall be no fear of old age, and the supreme status shall be obtained. ||1||Pause||	(ਜਿਸ ਦੀ ਸਰਨ ਪਿਆਂ) ਪਰਮਾਤਮਾ ਨਾਲ ਚਿੱਤ ਸਦਾ ਜੁੜਿਆ ਰਹੇ, ਅਤੇ ਇਹੋ ਜਿਹਾ ਆਤਮਕ ਜੀਵਨ ਦਾ ਦਰਜਾ ਮਿਲ ਜਾਏ ਜਿਸ ਨੂੰ ਕਦੇ ਬੁਢੇਪੇ ਦਾ ਡਰ ਨਾਹ ਹੋ ਸਕੇ (ਜੋ ਆਤਮਕ ਦਰਜਾ ਕਦੇ ਕਮਜ਼ੋਰ ਨਾਹ ਹੋ ਸਕੇ) ॥੧॥ ਰਹਾਉ ॥
22122	490	ਗੋਬਿੰਦ ਪ੍ਰੀਤਿ ਸਿਉ ਇਕੁ ਸਹਜੁ ਉਪਜਿਆ ਵੇਖੁ ਜੈਸੀ ਭਗਤਿ ਬਨੀ॥		Gobindh Preeth Sio Eik Sehaj Oupajiaa Vaekh Jaisee Bhagath Banee ||	A divine peace wells up from God's Love; behold, it comes from devotional worship.	ਪਰਮਾਤਮਾ ਨਾਲ ਪਿਆਰ ਪਾਇਆਂ (ਮਨੁੱਖ ਦੇ ਅੰਦਰ) ਇਕ (ਅਚਰਜ) ਆਤਮਕ ਅਡੋਲਤਾ ਪੈਦਾ ਹੁੰਦੀ ਹੈ, ਹੈਰਾਨ ਕਰਨ ਵਾਲੀ ਭਗਤੀ (ਦਾ ਰੰਗ) ਬਣਦਾ ਹੈ।

22123	490	ਆਪ ਸੇਤੀ ਆਪੁ ਖਾਇਆ ਤਾ ਮਨੁ ਨਿਰਮਲੁ ਹੋਆ ਜੋਤੀ ਜੋਤਿ ਸਮਈ॥੨॥	(ਸ-ਮਈ) ਸਮਾ ਜਾਣਾ	Aap Saethee Aap Khaaeiaa Thaa Man Niramal Hoaa Jothee Joth Samee ||2||	When my identity consumed my identical identity, then my mind became immaculately pure, and my light was blended with the Divine Light. ||2||	ਅੰਦਰੇ ਅੰਦਰ ਹੀ (ਮਨੁੱਖ ਦੇ ਅੰਦਰੋਂ) ਆਪਾ-ਭਾਵ (ਅਹੰਕਾਰ) ਮੁੱਕ ਜਾਂਦਾ ਹੈ, (ਜਦੋਂ ਆਪਾ-ਭਾਵ ਮੁੱਕਦਾ ਹੈ) ਤਦੋਂ ਮਨ ਪਵਿਤ੍ਰ ਹੋ ਜਾਂਦਾ ਹੈ, ਤਦੋ ਮਨੁੱਖ ਦੀ ਸੁਰਤਿ ਰੱਬੀ ਨੂਰ ਵਿਚ ਲੀਨ ਰਹਿੰਦੀ ਹੈ ॥੨॥
22124	490	ਬਿਨੁ ਭਾਗਾ ਐਸਾ ਸਤਿਗੁਰੁ ਨ ਪਾਈਐ ਜੇ ਲੋਚੈ ਸਭੁ ਕੋਇ॥		Bin Bhaagaa Aisaa Sathigur N Paaeeai Jae Lochai Sabh Koe ||	Without good fortune, such a True Guru cannot be found, no matter how much all may yearn for Him.	(ਪਰ, ਹੇ ਭਾਈ!) ਚਾਹੇ ਹਰੇਕ ਮਨੁੱਖ ਪਿਆ ਤਾਂਘ ਕਰੇ, ਕਿਸਮਤ ਤੋਂ ਬਿਨਾ ਅਜੇਹਾ ਗੁਰੂ ਨਹੀਂ ਮਿਲਦਾ (ਜਿਸ ਦੇ ਮਿਲਿਆਂ ਮਨੁੱਖ ਦੇ) ਅੰਦਰੋਂ ਮਾਇਆ ਦੇ ਮੋਹ ਵਾਲੀ ਕੰਧ ਦੂਰ ਹੋ ਜਾਏ।
22125	490	ਕੂੜੈ ਕੀ ਪਾਲਿ ਵਿਚਹੁ ਨਿਕਲੈ ਤਾ ਸਦਾ ਸੁਖੁ ਹੋਇ॥੩॥	(ਪਾਲਿ) ਪੜਦਾ	Koorrai Kee Paal Vichahu Nikalai Thaa Sadhaa Sukh Hoe ||3||	If the veil of falsehood is removed from within, then lasting peace is obtained. ||3||	(ਜਦੋਂ ਇਹ ਕੰਧ ਨਿਕਲ ਜਾਂਦੀ ਹੈ ਤੇ ਹਰੀ ਨਾਲ ਮਿਲਾਪ ਹੋ ਜਾਂਦਾ ਹੈ) ਤਦੋਂ ਮਨੁੱਖ ਨੂੰ ਸਦਾ ਲਈ ਆਨੰਦ ਪ੍ਰਾਪਤ ਹੋ ਜਾਂਦਾ ਹੈ ॥੩॥

22126	490	ਨਾਨਕ ਐਸੇ ਸਤਿਗੁਰ ਕੀ ਕਿਆ ਓਹੁ ਸੇਵਕੁ ਸੇਵਾ ਕਰੇ ਗੁਰ ਆਗੈ ਜੀਉ ਧਰੇਇ॥	ਧਰੇ-ਇ	Naanak Aisae Sathigur Kee Kiaa Ouhu Saevak Saevaa Karae Gur Aagai Jeeo Dhharaee ||	O Nanak, what service can the servant perform for such a True Guru? He should offer his life, his very soul, to the Guru.	ਹੇ ਨਾਨਕ! (ਜਿਸ ਸੇਵਕ ਨੂੰ ਇਹੋ ਜਿਹਾ ਗੁਰੂ ਮਿਲ ਪੈਂਦਾ ਹੈ) ਉਹ ਸੇਵਕ ਅਜੇਹੇ ਗੁਰੂ ਦੀ ਕੀਹ ਸੇਵਾ ਕਰਦਾ ਹੈ? (ਬੱਸ, ਇਹੀ ਸੇਵਾ ਕਰਦਾ ਹੈ ਕਿ) ਗੁਰੂ ਦੇ ਅੱਗੇ ਆਪਣੀ ਜਿੰਦ ਭੇਟਾ ਕਰ ਦੇਂਦਾ ਹੈ (ਭਾਵ, ਉਹ ਸੇਵਕ) ਗੁਰੂ ਦੀ ਮਰਜ਼ੀ ਨੂੰ ਆਪਣੇ ਚਿੱਤ ਵਿਚ ਟਿਕਾ ਲੈਂਦਾ ਹੈ (ਗੁਰੂ ਦੇ ਹੁਕਮ ਵਿਚ ਤੁਰਦਾ ਹੈ।
22127	490	ਸਤਿਗੁਰ ਕਾ ਭਾਣਾ ਚਿਤਿ ਕਰੇ ਸਤਿਗੁਰੁ ਆਪੇ ਕ੍ਰਿਪਾ ਕਰੇਇ॥੪॥੧॥੩॥	ਕਰੇ-ਇ	Sathigur Kaa Bhaanaa Chith Karae Sathigur Aapae Kirapaa Karaee ||4||1||3||	If he focuses his consciousness on the Will of the True Guru, then the True Guru Himself will bless him. ||4||1||3||	ਪਰ ਭਾਣਾ ਮੰਨਾਣਾ ਭੀ ਕੋਈ ਸੌਖੀ ਖੇਡ ਨਹੀਂ, ਜਿਸ ਮਨੁੱਖ ਉਤੇ) ਗੁਰੂ ਆਪ ਹੀ ਕਿਰਪਾ ਕਰਦਾ ਹੈ (ਉਹ ਮਨੁੱਖ ਗੁਰੂ ਦੇ ਹੁਕਮ ਨੂੰ ਸਦਾ ਮੰਨਦਾ ਹੈ) ॥੪॥੧॥੩॥
22128	490	ਗੂਜਰੀ ਮਹਲਾ ੩॥		Goojaree Mehalaa 3 ||	Goojaree, Third Mehl:	
22129	490	ਹਰਿ ਕੀ ਤੁਮ ਸੇਵਾ ਕਰਹੁ ਦੂਜੀ ਸੇਵਾ ਕਰਹੁ ਨ ਕੋਇ ਜੀ॥		Har Kee Thum Saevaa Karahu Dhoojee Saevaa Karahu N Koe Jee ||	Serve the Lord; do not serve anyone else.	ਹੇ ਭਾਈ! ਸਿਰਫ਼ ਪਰਮਾਤਮਾ ਦੀ ਸੇਵਾ-ਭਗਤੀ ਕਰੋ ਕਿਸੇ ਹੋਰ (ਦੇਵੀ ਦੇਵਤੇ ਆਦਿਕ) ਦੀ ਸੇਵਾ-ਪੂਜਾ ਨਾਹ ਕਰੋ।

22130	490	ਹਰਿ ਕੀ ਸੇਵਾ ਤੇ ਮਨਹੁ ਚਿੰਦਿਆ ਫਲੁ ਪਾਈਐ ਦੂਜੀ ਸੇਵਾ ਜਨਮੁ ਬਿਰਥਾ ਜਾਇ ਜੀ॥੧॥		Har Kee Saevaa Thae Manahu Chindhiaa Fal Paaeeai Dhoojee Saevaa Janam Birathhaa Jaae Jee ||1||	Serving the Lord, you shall obtain the fruits of your heart's desires; serving another, your life shall pass away in vain. ||1||	ਪਰਮਾਤਮਾ ਦੀ ਸੇਵਾ ਭਗਤੀ ਕੀਤਿਆਂ ਮਨ-ਇੱਛਤ ਫਲ ਪਾ ਲਈਦਾ ਹੈ, ਕਿਸੇ ਹੋਰ (ਦੇਵੀ ਦੇਵਤੇ ਆਦਿਕ) ਦੀ ਪੂਜਾ ਨਾਲ ਆਪਣੀ ਜ਼ਿੰਦਗੀ ਹੀ ਵਿਅਰਥ ਚਲੀ ਜਾਂਦੀ ਹੈ ॥੧॥
22131	490	ਹਰਿ ਮੇਰੀ ਪ੍ਰੀਤਿ ਰੀਤਿ ਹੈ ਹਰਿ ਮੇਰੀ ਹਰਿ ਮੇਰੀ ਕਥਾ ਕਹਾਨੀ ਜੀ॥		Har Maeree Preeth Reeth Hai Har Maeree Har Maeree Kathhaa Kehaanee Jee ||	The Lord is my Love, the Lord is my way of life, the Lord is my speech and conversation.	ਹੇ ਭਾਈ! ਪਰਮਾਤਮਾ ਨਾਲ ਪਿਆਰ ਮੇਰੀ ਜੀਵਨ-ਜੁਗਤਿ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਮੇਰੇ ਵਾਸਤੇ ਮਨ-ਪਰਚਾਵੇ ਦੀਆਂ ਗੱਲਾਂ ਹਨ।
22132	490	ਗੁਰ ਪ੍ਰਸਾਦਿ ਮੇਰਾ ਮਨੁ ਭੀਜੈ ਏਹਾ ਸੇਵ ਬਨੀ ਜੀਉ॥੧॥ਰਹਾਉ॥		Gur Prasaadh Maeraa Man Bheejai Eaehaa Saev Banee Jeeo ||1|| Rehaao ||	By Guru's Grace, my mind is saturated with the Lord's Love; this is what makes up my service. ||1||Pause||	ਬੱਸ! ਮੈਨੂੰ ਇਹੀ ਸੇਵਾ-ਭਗਤੀ ਚੰਗੀ ਲੱਗਦੀ ਹੈ ਕਿ ਗੁਰੂ ਦੀ ਕਿਰਪਾ ਨਾਲ ਮੇਰਾ ਮਨ ਪਰਮਾਤਮਾ ਦੀ ਯਾਦ ਵਿਚ ਗਿੱਝ ਜਾਏ ॥੧॥ ਰਹਾਉ ॥
22133	490	ਹਰਿ ਮੇਰਾ ਸਿਮ੍ਰਿਤਿ ਹਰਿ ਮੇਰਾ ਸਾਸਤ੍ਰ ਹਰਿ ਮੇਰਾ ਬੰਧਪੁ ਹਰਿ ਮੇਰਾ ਭਾਈ॥	ਸਿਮ-ਰ੍ਿਤਿ	Har Maeraa Simrith Har Maeraa Saasathr Har Maeraa Bandhhap Har Maeraa Bhaaee ||	The Lord is my Simritees, the Lord is my Shaastras; the Lord is my relative and the Lord is my brother.	ਹੇ ਭਾਈ! ਪਰਮਾਤਮਾ ਦਾ ਨਾਮ ਹੀ ਮੇਰੇ ਵਾਸਤੇ ਸਿਮ੍ਰਿਤੀਆਂ ਦੀ ਮਰਯਾਦਾ ਹੈ ਤੇ ਸ਼ਾਸਤ੍ਰਾਂ ਦੀ ਵਿਚਾਰ ਹੈ, ਪਰਮਾਤਮਾ ਹੀ ਮੇਰਾ ਰਿਸ਼ਤੇਦਾਰ ਹੈ, ਪਰਮਾਤਮਾ ਹੀ ਮੇਰਾ ਭਰਾ-ਭਾਈ ਹੈ।

22134	490	ਹਰਿ ਕੀ ਮੈ ਭੂਖ ਲਾਗੈ ਹਰਿ ਨਾਮਿ ਮੇਰਾ ਮਨੁ ਤ੍ਰਿਪਤੈ ਹਰਿ ਮੇਰਾ ਸਾਕੁ ਅੰਤਿ ਹੋਇ ਸਖਾਈ॥੨॥		Har Kee Mai Bhookh Laagai Har Naam Maeraa Man Thripathai Har Maeraa Saak Anth Hoe Sakhaaee ||2||	I am hungry for the Lord; my mind is satisfied with the Name of the Lord. The Lord is my relation, my helper in the end. ||2||	ਪਰਮਾਤਮਾ ਦੇ ਸਿਮਰਨ ਦੀ ਮੈਨੂੰ ਭੁੱਖ ਲੱਗਦੀ ਹੈ (ਮੇਰੀ ਆਤਮਕ ਜ਼ਿੰਦਗੀ ਦੇ ਕਾਇਮ ਰਹਿਣ ਵਾਸਤੇ ਮੈਨੂੰ ਸਿਮਰਨ ਦੀ ਖ਼ੁਰਾਕ ਦੀ ਲੋੜ ਪੈਂਦੀ ਹੈ), ਪਰਮਾਤਮਾ ਦੇ ਨਾਮ ਵਿਚ ਜੁੜਿਆਂ ਮੇਰਾ ਮਨ (ਮਾਇਆ ਵਲੋਂ) ਰੱਜ ਜਾਂਦਾ ਹੈ। ਪਰਮਾਤਮਾ ਮੇਰਾ ਸੰਬੰਧੀ ਹੈ, ਪਰਮਾਤਮਾ ਹੀ ਮੇਰਾ ਅੰਤ ਵੇਲੇ ਦਾ ਸਾਥੀ ਹੈ ॥੨॥
22135	490	ਹਰਿ ਬਿਨੁ ਹੋਰ ਰਾਸਿ ਕੂੜੀ ਹੈ ਚਲਦਿਆ ਨਾਲਿ ਨ ਜਾਈ॥		Har Bin Hor Raas Koorree Hai Chaladhiaa Naal N Jaaee ||	Without the Lord, other assets are false. They do not go with the mortal when he departs.	(ਦੁਨੀਆ ਦੇ ਧਨ ਪਦਾਰਥ ਦਾ ਕੀਹ ਮਾਣ? ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਸਰਮਾਇਆ ਝੂਠਾ ਹੈ, (ਜਗਤ ਤੋਂ) ਤੁਰਨ ਵੇਲੇ (ਮਨੁੱਖ ਦੇ) ਨਾਲ ਨਹੀਂ ਜਾਂਦਾ।
22136	490	ਹਰਿ ਮੇਰਾ ਧਨੁ ਮੇਰੈ ਸਾਥਿ ਚਾਲੈ ਜਹਾ ਹਉ ਜਾਉ ਤਹ ਜਾਈ॥੩॥		Har Maeraa Dhhan Maerai Saathh Chaalai Jehaa Ho Jaao Theh Jaaee ||3||	The Lord is my wealth, which shall go with me; wherever I go, it will go. ||3||	(ਸੋ,) ਪਰਮਾਤਮਾ ਦਾ ਨਾਮ ਹੀ ਮੇਰਾ ਧਨ ਹੈ, ਇਹ ਧਨ ਮੇਰੇ ਨਾਲ ਸਾਥ ਕਰਦਾ ਹੈ, ਮੈਂ ਜਿਥੇ ਭੀ ਜਾਂਦਾ ਹਾਂ ਇਹ ਧਨ ਮੇਰੇ ਨਾਲ ਜਾਂਦਾ ਹੈ ॥੩॥

22137	490	ਸੋ ਝੂਠਾ ਜੋ ਝੂਠੇ ਲਾਗੈ ਝੂਠੇ ਕਰਮ ਕਮਾਈ॥		So Jhoothaa Jo Jhoothae Laagai Jhoothae Karam Kamaaee ||	One who is attached to falsehood is false; false are the deeds he does.	ਜੇਹੜਾ ਮਨੁੱਖ ਨਾਲ ਨਾਹ ਨਿਭਣ ਵਾਲੇ ਪਦਾਰਥਾਂ ਵਿਚ ਪ੍ਰੀਤਿ ਪਾਈ ਰੱਖਦਾ ਹੈ, ਉਸ ਦਾ ਜੀਵਨ ਹੀ ਉਹਨਾਂ ਪਦਾਰਥਾਂ ਨਾਲ ਇਕ-ਮਿਕ ਹੋ ਜਾਂਦਾ ਹੈ, ਉਹ ਨਿਤ ਉਹਨਾਂ ਨਾਸਵੰਤ ਪਦਾਰਥਾਂ ਦੀ ਖ਼ਾਤਰ ਹੀ ਦੌੜ-ਭੱਜ ਕਰਦਾ ਰਹਿੰਦਾ ਹੈ।
22138	490	ਕਹੈ ਨਾਨਕੁ ਹਰਿ ਕਾ ਭਾਣਾ ਹੋਆ ਕਹਣਾ ਕਛੂ ਨ ਜਾਈ॥੪॥੨॥੪॥		Kehai Naanak Har Kaa Bhaanaa Hoaa Kehanaa Kashhoo N Jaaee ||4||2||4||	Says Nanak, everything happens according to the Will of the Lord; no one has any say in this at all. ||4||2||4||	(ਪਰ) ਨਾਨਕ ਆਖਦਾ ਹੈ-ਇਹ ਪਰਮਾਤਮਾ ਦੀ ਰਜ਼ਾ ਹੀ ਹੈ (ਕਿ ਕੋਈ ਹਰਿ-ਨਾਮ ਵਿਚ ਮਸਤ ਹੈ ਤੇ ਕੋਈ ਝੂਠੇ ਪਦਾਰਥਾਂ ਵਿਚ ਲੱਗਾ ਪਿਆ ਹੈ), ਇਸ ਰਜ਼ਾ ਨੂੰ ਚੰਗਾ ਜਾਂ ਮੰਦਾ ਨਹੀਂ ਆਖਿਆ ਜਾ ਸਕਦਾ ॥੪॥੨॥੪॥
22139	490	ਗੂਜਰੀ ਮਹਲਾ ੩॥		Goojaree Mehalaa 3 ||	Goojaree, Third Mehl:	
22140	490	ਜੁਗ ਮਾਹਿ ਨਾਮੁ ਦੁਲੰਭੁ ਹੈ ਗੁਰਮੁਖਿ ਪਾਇਆ ਜਾਇ॥	ਜੁੱਗ ਦੁ-ਲੰਭੁ	Jug Maahi Naam Dhulanbh Hai Guramukh Paaeiaa Jaae ||	It is so difficult to obtain the Naam, the Name of the Lord, in this age; only the Gurmukh obtains it.	ਜਗਤ ਵਿਚ (ਹੋਰ ਪਦਾਰਥ ਤਾਂ ਸੁਖੈਨ ਮਿਲ ਜਾਂਦੇ ਹਨ, ਪਰ) ਪਰਮਾਤਮਾ ਦਾ ਨਾਮ ਬੜੀ ਮੁਸ਼ਕਿਲ ਨਾਲ ਮਿਲਦਾ ਹੈ, ਇਹ ਨਾਮ ਗੁਰੂ ਦੀ ਸਰਨ ਪਿਆਂ ਹੀ ਮਿਲਦਾ ਹੈ।

22141	490	ਬਿਨੁ ਨਾਵੈ ਮੁਕਤਿ ਨ ਹੋਵਈ ਵੇਖਹੁ ਕੋ ਵਿਉਪਾਇ॥੧॥	(ਵਿਉਪਾਇ) ਨਿਰਨਾ ਕਰਕੇ ਵੇਖ ਲਵੋ	Bin Naavai Mukath N Hovee Vaekhahu Ko Vioupaae ||1||	Without the Name, no one is liberated; let anyone make other efforts, and see. ||1||	ਤੇ, ਜਿਤਨਾ ਚਿਰ ਹਰਿ-ਨਾਮ ਨਾਹ ਮਿਲੇ ਉਤਨਾ ਚਿਰ ਵਿਕਾਰਾਂ ਤੋਂ ਖ਼ਲਾਸੀ ਨਹੀਂ ਹੁੰਦੀ, ਬੇ-ਸ਼ੱਕ ਕੋਈ ਭੀ ਧਿਰ ਕੋਈ ਹੋਰ ਉਪਾਉ ਕਰ ਕੇ (ਨਿਰਨਾ ਕਰ ਕੇ) ਵੇਖ ਲਵੇ ॥੧॥
22142	490	ਬਲਿਹਾਰੀ ਗੁਰ ਆਪਣੇ ਸਦ ਬਲਿਹਾਰੈ ਜਾਉ॥		Balihaaree Gur Aapanae Sadh Balihaarai Jaao ||	I am a sacrifice to my Guru; I am forever a sacrifice to Him.	ਮੈਂ ਆਪਣੇ ਗੁਰੂ ਤੋਂ ਸਦਾ ਕੁਰਬਾਨ ਜਾਂਦਾ ਹਾਂ, ਸਦਕੇ ਜਾਂਦਾ ਹਾਂ।
22143	490	ਸਤਿਗੁਰ ਮਿਲਿਐ ਹਰਿ ਮਨਿ ਵਸੈ ਸਹਜੇ ਰਹੈ ਸਮਾਇ॥੧॥ਰਹਾਉ॥		Sathigur Miliai Har Man Vasai Sehajae Rehai Samaae ||1|| Rehaao ||	Meeting the True Guru, the Lord comes to dwell in the mind, and one remains absorbed in Him. ||1||Pause||	ਜੇ ਗੁਰੂ ਮਿਲ ਪਏ ਤਾਂ ਪ੍ਰਭੂ ਮਨੁੱਖ ਦੇ ਮਨ ਵਿਚ ਆ ਵੱਸਦਾ ਹੈ, ਤੇ, ਮਨੁੱਖ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ॥੧॥ ਰਹਾਉ ॥
22144	490	ਜਾਂ ਭਉ ਪਾਏ ਆਪਣਾ ਬੈਰਾਗੁ ਉਪਜੈ ਮਨਿ ਆਇ॥		Jaan Bho Paaeae Aapanaa Bairaag Oupajai Man Aae ||	When God instills His fear, a balanced detachment springs up in the mind.	ਜਦੋਂ ਪਰਮਾਤਮਾ (ਕਿਸੇ ਮਨੁੱਖ ਦੇ ਹਿਰਦੇ ਵਿਚ) ਆਪਣਾ ਡਰ-ਅਦਬ ਪਾਂਦਾ ਹੈ ਉਸ ਦੇ ਮਨ ਵਿਚ ਮਾਇਆ ਵਲੋਂ ਉਪਰਾਮਤਾ ਪੈਦਾ ਹੋ ਜਾਂਦੀ ਹੈ।

22145	490	ਬੈਰਾਗੈ ਤੇ ਹਰਿ ਪਾਈਐ ਹਰਿ ਸਿਉ ਰਹੈ ਸਮਾਇ॥੨॥		Bairaagai Thae Har Paaeeai Har Sio Rehai Samaae ||2||	Through this detachment, the Lord is obtained, and one remains absorbed in the Lord. ||2||	ਇਸ ਉਪਰਾਮਤਾ ਦੀ ਹੀ ਬਰਕਤਿ ਨਾਲ ਪਰਮਾਤਮਾ ਮਿਲ ਪੈਂਦਾ ਹੈ, ਤੇ, ਮਨੁੱਖ ਪਰਮਾਤਮਾ (ਦੇ ਚਰਨਾਂ) ਨਾਲ ਸੁਰਤਿ ਜੋੜੀ ਰੱਖਦਾ ਹੈ ॥੨॥
22146	490	ਸੇਇ ਮੁਕਤ ਜਿ ਮਨੁ ਜਿਣਹਿ ਫਿਰਿ ਧਾਤੁ ਨ ਲਾਗੈ ਆਇ॥		Saee Mukath J Man Jinehi Fir Dhhaath N Laagai Aae ||	He alone is liberated, who conquers his mind; Maya does not stick to him again.	ਜੇਹੜੇ ਮਨੁੱਖ ਆਪਣਾ ਮਨ ਜਿੱਤ ਲੈਂਦੇ ਹਨ, ਉਹ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਹੋ ਜਾਂਦੇ ਹਨ, ਉਹਨਾਂ ਉੱਤੇ ਮੁੜ ਮਾਇਆ ਆਪਣਾ ਜ਼ੋਰ ਨਹੀਂ ਪਾ ਸਕਦੀ।
22147	490	ਦਸਵੈ ਦੁਆਰਿ ਰਹਤ ਕਰੇ ਤ੍ਰਿਭਵਣ ਸੋਝੀ ਪਾਇ॥੩॥		Dhasavai Dhuaar Rehath Karae Thribhavan Sojhee Paae ||3||	He dwells in the Tenth Gate, and obtains the understanding of the three worlds. ||3||	ਜੇਹੜਾ ਭੀ ਮਨੁੱਖ (ਇੰਦ੍ਰਿਆਂ ਦੀ ਪਹੁੰਚ ਤੋਂ ਉਤਾਂਹ) ਚਿੱਤ-ਆਕਾਸ਼ ਵਿਚ (ਉੱਚੇ ਆਤਮਕ ਮੰਡਲ ਵਿਚ) ਆਪਣੀ ਰਿਹਾਇਸ਼ ਬਣਾ ਲੈਂਦਾ ਹੈ, ਉਸ ਨੂੰ ਤਿੰਨ ਭਵਨਾਂ ਵਿਚ ਵਿਆਪਕ ਪ੍ਰਭੂ ਦੀ ਸਮਝ ਪੈ ਜਾਂਦੀ ਹੈ ॥੩॥
22148	490	ਨਾਨਕ ਗੁਰ ਤੇ ਗੁਰੁ ਹੋਇਆ ਵੇਖਹੁ ਤਿਸ ਕੀ ਰਜਾਇ॥		Naanak Gur Thae Gur Hoeiaa Vaekhahu This Kee Rajaae ||	O Nanak, through the Guru, one becomes the Guru; behold, His Wondrous Will.	ਹੇ ਨਾਨਕ! (ਆਖ-ਹੇ ਭਾਈ!) ਵੇਖੋ, ਪਰਮਾਤਮਾ ਦੀ ਅਚਰਜ ਮਰਜ਼ੀ! (ਜੇਹੜਾ ਭੀ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ) ਗੁਰੂ ਦੀ ਸਰਨ ਪੈਣ ਨਾਲ ਗੁਰੂ ਦਾ ਰੂਪ ਬਣ ਜਾਂਦਾ ਹੈ।

22149	491	ਇਹੁ ਕਾਰਣੁ ਕਰਤਾ ਕਰੇ ਜੋਤੀ ਜੋਤਿ ਸਮਾਇ॥੪॥੩॥੫॥		Eihu Kaaran Karathaa Karae Jothee Joth Samaae ||4||3||5||	This deed was done by the Creator Lord; one's light merges into the Light. ||4||3||5||	ਪਰਮਾਤਮਾ ਆਪ ਹੀ ਇਹ ਸਬੱਬ ਬਣਾਂਦਾ ਹੈ, (ਗੁਰੂ ਦੀ ਸਰਨ ਪਏ ਮਨੁੱਖ ਦੀ) ਆਤਮਾ ਪਰਮਾਤਮਾ ਦੀ ਜੋਤਿ ਵਿਚ ਲੀਨ ਹੋ ਜਾਂਦੀ ਹੈ ॥੪॥੩॥੫॥
22150	491	ਗੂਜਰੀ ਮਹਲਾ ੩॥		Goojaree Mehalaa 3 ||	Goojaree, Third Mehl:	
22151	491	ਰਾਮ ਰਾਮ ਸਭੁ ਕੋ ਕਹੈ ਕਹਿਐ ਰਾਮੁ ਨ ਹੋਇ॥		Raam Raam Sabh Ko Kehai Kehiai Raam N Hoe ||	Everyone chants the Lord's Name, Raam, Raam; but by such chanting, the Lord is not obtained.	(ਜੇ) ਹਰੇਕ ਮਨੁੱਖ (ਨਿਰੀ ਜੀਭ ਨਾਲ ਹੀ) ਪਰਮਾਤਮਾ ਦਾ ਨਾਮ ਆਖਦਾ ਰਹੇ, (ਤਾਂ ਨਿਰਾ ਜੀਭ ਨਾਲ) ਪਰਮਾਤਮਾ ਦਾ ਨਾਮ ਆਖਿਆਂ (ਸਫਲਤਾ) ਨਹੀਂ ਹੁੰਦੀ।
22152	491	ਗੁਰ ਪਰਸਾਦੀ ਰਾਮੁ ਮਨਿ ਵਸੈ ਤਾ ਫਲੁ ਪਾਵੈ ਕੋਇ॥੧॥		Gur Parasaadhee Raam Man Vasai Thaa Fal Paavai Koe ||1||	By Guru's Grace, the Lord comes to dwell in the mind, and then, the fruits are obtained. ||1||	ਜਦੋਂ ਕਿਸੇ ਮਨੁੱਖ ਦੇ ਮਨ ਵਿਚ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਆ ਵੱਸੇ, ਤਦੋਂ ਉਸ ਨੂੰ ਉਸ ਸਿਮਰਨ ਦਾ ਫਲ ਮਿਲਦਾ ਹੈ ॥੧॥
22153	491	ਅੰਤਰਿ ਗੋਵਿੰਦ ਜਿਸੁ ਲਾਗੈ ਪ੍ਰੀਤਿ॥		Anthar Govindh Jis Laagai Preeth ||	One who enshrines love for God within his mind,	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਲਈ ਪਿਆਰ ਬਣਦਾ ਹੈ,

22154	491	ਹਰਿ ਤਿਸੁ ਕਦੇ ਨ ਵੀਸਰੈ ਹਰਿ ਹਰਿ ਕਰਹਿ ਸਦਾ ਮਨਿ ਚੀਤਿ॥੧॥ਰਹਾਉ॥		Har This Kadhae N Veesarai Har Har Karehi Sadhaa Man Cheeth ||1|| Rehaao ||	Never forgets the Lord; he continually chants the Lord's Name, Har, Har, in his conscious mind. ||1||Pause||	ਪਰਮਾਤਮਾ ਉਸ ਮਨੁੱਖ ਨੂੰ ਕਦੇ ਭੁੱਲਦਾ ਨਹੀਂ। (ਜਿਨ੍ਹਾਂ ਮਨੁੱਖਾਂ ਦੇ ਅੰਦਰ ਪਿਆਰ ਬਣਦਾ ਹੈ) ਉਹ ਸਦਾ ਆਪਣੇ ਮਨ ਵਿਚ ਚਿੱਤ ਵਿਚ ਪਰਮਾਤਮਾ ਨੂੰ ਯਾਦ ਕਰਦੇ ਰਹਿੰਦੇ ਹਨ ॥੧॥ ਰਹਾਉ ॥
22155	491	ਹਿਰਦੈ ਜਿਨ੍ ਕੈ ਕਪਟੁ ਵਸੈ ਬਾਹਰਹੁ ਸੰਤ ਕਹਾਹਿ॥		Hiradhai Jinh Kai Kapatt Vasai Baaharahu Santh Kehaahi ||	Those whose hearts are filled with hypocrisy, who are called saints only for their outward show	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਠੱਗੀ ਵੱਸਦੀ ਹੈ, ਪਰ ਬਾਹਰਲੇ ਭੇਖ ਨਾਲ (ਆਪਣੇ ਆਪ ਨੂੰ ਉਹ) ਸੰਤ ਅਖਵਾਂਦੇ ਹਨ,
22156	491	ਤ੍ਰਿਸਨਾ ਮੂਲਿ ਨ ਚੁਕਈ ਅੰਤਿ ਗਏ ਪਛੁਤਾਹਿ॥੨॥		Thrisanaa Mool N Chukee Anth Geae Pashhuthaahi ||2||	- their desires are never satisfied, and they depart grieving in the end. ||2||	ਉਹਨਾਂ ਦੇ ਅੰਦਰੋਂ ਮਾਇਆ ਦੀ ਤ੍ਰਿਸ਼ਨਾ ਕਦੇ ਭੀ ਨਹੀਂ ਮੁੱਕਦੀ; ਆਖ਼ਰ ਜਦੋਂ ਉਹ ਜਗਤ ਤੋਂ ਤੁਰ ਪੈਂਦੇ ਹਨ ਤਦੋਂ ਹੱਥ ਮਲਦੇ ਹਨ ॥੨॥
22157	491	ਅਨੇਕ ਤੀਰਥ ਜੇ ਜਤਨ ਕਰੈ ਤਾ ਅੰਤਰ ਕੀ ਹਉਮੈ ਕਦੇ ਨ ਜਾਇ॥		Anaek Theerathh Jae Jathan Karai Thaa Anthar Kee Houmai Kadhae N Jaae ||	Although one may bathe at many places of pilgrimage, still, his ego never departs.	ਜੇ ਕੋਈ ਮਨੁੱਖ ਅਨੇਕਾਂ ਤੀਰਥਾਂ ਦੇ ਇਸ਼ਨਾਨ ਦਾ ਜਤਨ ਕਰਦਾ ਰਹੇ, ਤਾਂ ਭੀ ਉਸ ਦੇ ਅੰਦਰ ਦੀ ਹਉਮੇ ਦੀ ਮੈਲ ਨਹੀਂ ਲਹਿੰਦੀ,

22158	491	ਜਿਸੁ ਨਰ ਕੀ ਦੁਬਿਧਾ ਨ ਜਾਇ ਧਰਮਰਾਇ ਤਿਸੁ ਦੇਇ ਸਜਾਇ॥੩॥	(ਦੁਬਿਧਾ) ਦਵੈਤ	Jis Nar Kee Dhubidhhaa N Jaae Dhharam Raae This Dhaee Sajaae ||3||	That man, whose sense of duality does not depart - the Righteous Judge of Dharma shall punish him. ||3||	ਤੇ, ਜਿਸ ਮਨੁੱਖ ਦੇ ਮਨ ਦਾ ਖਿੰਡਾਉ ਦੂਰ ਨਹੀਂ ਹੁੰਦਾ (ਉਹ ਮਾਇਆ ਦੇ ਮੋਹ ਵਿਚ ਭਟਕਦਾ ਰਹਿੰਦਾ ਹੈ) ਉਸ ਨੂੰ ਧਰਮ ਰਾਜ ਸਜ਼ਾ ਦੇਂਦਾ ਹੈ ॥੩॥
22159	491	ਕਰਮੁ ਹੋਵੈ ਸੋਈ ਜਨੁ ਪਾਏ ਗੁਰਮੁਖਿ ਬੂਝੈ ਕੋਈ॥		Karam Hovai Soee Jan Paaeae Guramukh Boojhai Koee ||	That humble being, unto whom God showers His Mercy, obtains Him; how few are the Gurmukhs who understand Him.	(ਜਿਸ ਮਨੁੱਖ ਉਤੇ ਪਰਮਾਤਮਾ ਦੀ) ਬਖ਼ਸ਼ਸ਼ ਹੋਵੇ ਉਹੀ ਮਨੁੱਖ ਪਰਮਾਤਮਾ ਨੂੰ ਮਿਲਦਾ ਹੈ। (ਪਰ ਉਂਞ) ਕੋਈ ਵਿਰਲਾ ਮਨੁੱਖ ਹੀ ਗੁਰੂ ਦੀ ਸਰਨ ਪੈ ਕੇ (ਇਹ ਭੇਤ) ਸਮਝਦਾ ਹੈ।
22160	491	ਨਾਨਕ ਵਿਚਹੁ ਹਉਮੈ ਮਾਰੇ ਤਾਂ ਹਰਿ ਭੇਟੈ ਸੋਈ॥੪॥੪॥੬॥		Naanak Vichahu Houmai Maarae Thaan Har Bhaettai Soee ||4||4||6||	O Nanak, if one conquers his ego within, then he comes to meet the Lord. ||4||4||6||	ਹੇ ਨਾਨਕ! (ਆਖ-) ਜਦੋਂ ਜੇਹੜਾ ਮਨੁੱਖ ਆਪਣੇ ਮਨ ਵਿਚੋਂ ਹਉਮੈ ਨੂੰ ਮਾਰ ਮੁਕਾਂਦਾ ਹੈ ਤਦੋਂ ਉਹੀ ਮਨੁੱਖ ਪਰਮਾਤਮਾ ਨੂੰ ਮਿਲਦਾ ਹੈ ॥੪॥੪॥੬॥
22161	491	ਗੂਜਰੀ ਮਹਲਾ ੩॥		Goojaree Mehalaa 3 ||	Goojaree, Third Mehl:	
22162	491	ਤਿਸੁ ਜਨ ਸਾਂਤਿ ਸਦਾ ਮਤਿ ਨਿਹਚਲ ਜਿਸ ਕਾ ਅਭਿਮਾਨੁ ਗਵਾਏ॥	(ਨਿਹਚਲ) ਅਚੱਲ	This Jan Saanth Sadhaa Math Nihachal Jis Kaa Abhimaan Gavaaeae ||	That humble being who eliminates his ego is at peace; he is blessed with an ever-stable intellect.	ਪਰਮਾਤਮਾ ਜਿਸ ਮਨੁੱਖ ਦਾ ਅਹੰਕਾਰ ਦੂਰ ਕਰ ਦੇਂਦਾ ਹੈ, ਉਸ ਮਨੁੱਖ ਨੂੰ ਆਤਮਕ ਸ਼ਾਂਤੀ ਪ੍ਰਾਪਤ ਹੋ ਜਾਂਦੀ ਹੈ, ਉਸ ਦੀ ਅਕਲ (ਮਾਇਆ-ਮੋਹ ਵਿਚ) ਡੋਲਣੋਂ ਹਟ ਜਾਂਦੀ ਹੈ।

22163	491	ਸੋ ਜਨੁ ਨਿਰਮਲੁ ਜਿ ਗੁਰਮੁਖਿ ਬੂਝੈ ਹਰਿ ਚਰਣੀ ਚਿਤੁ ਲਾਏ॥੧॥	(ਗੁਰਮੁਖਿ) ਗੁਰੂ ਦੁਆਰਾ	So Jan Niramal J Guramukh Boojhai Har Charanee Chith Laaeae ||1||	That humble being is immaculately pure, who, as Gurmukh, understands the Lord, and focuses his consciousness on the Lord's Feet. ||1||	ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਇਹ ਭੇਤ) ਸਮਝ ਲੈਂਦਾ ਹੈ, ਤੇ, ਪਰਮਾਤਮਾ ਦੇ ਚਰਨਾਂ ਵਿਚ ਆਪਣਾ ਚਿੱਤ ਜੋੜਦਾ ਹੈ, ਉਹ ਮਨੁੱਖ ਪਵਿਤ੍ਰ ਜੀਵਨ ਵਾਲਾ ਬਣ ਜਾਂਦਾ ਹੈ ॥੧॥
22164	491	ਹਰਿ ਚੇਤਿ ਅਚੇਤ ਮਨਾ ਜੋ ਇਛਹਿ ਸੋ ਫਲੁ ਹੋਈ॥		Har Chaeth Achaeth Manaa Jo Eishhehi So Fal Hoee ||	O my unconscious mind, remain conscious of the Lord, and you shall obtain the fruits of your desires.	ਹੇ (ਮੇਰੇ ਗਾਫ਼ਲ ਮਨ! ਪਰਮਾਤਮਾ ਨੂੰ ਚੇਤੇ ਕਰਦਾ ਰਹੁ, ਤੈਨੂੰ ਉਹੀ ਫਲ ਮਿਲ ਜਾਏਗਾ ਜੇਹੜਾ ਤੂੰ ਮੰਗੇਂਗਾ।
22165	491	ਗੁਰ ਪਰਸਾਦੀ ਹਰਿ ਰਸੁ ਪਾਵਹਿ ਪੀਵਤ ਰਹਹਿ ਸਦਾ ਸੁਖੁ ਹੋਈ॥੧॥ਰਹਾਉ॥	ਰਹ-ਹਿ	Gur Parasaadhee Har Ras Paavehi Peevath Rehehi Sadhaa Sukh Hoee ||1|| Rehaao ||	By Guru's Grace, you shall obtain the sublime elixir of the Lord; by continually drinking it in, you shall have eternal peace. ||1||Pause||	(ਗੁਰੂ ਦੀ ਸਰਨ ਪਉ) ਗੁਰੂ ਦੀ ਕਿਰਪਾ ਨਾਲ ਤੂੰ ਪਰਮਾਤਮਾ ਦੇ ਨਾਮ ਦਾ ਰਸ ਹਾਸਲ ਕਰ ਲਏਂਗਾ, ਤੇ, ਜੇ ਤੂੰ ਉਸ ਰਸ ਨੂੰ ਪੀਂਦਾ ਰਹੇਂਗਾ, ਤਾਂ ਤੈਨੂੰ ਸਦਾ ਆਨੰਦ ਮਿਲਿਆ ਰਹੇਗਾ ॥੧॥ ਰਹਾਉ ॥

22166	491	ਸਤਿਗੁਰੁ ਭੇਟੇ ਤਾ ਪਾਰਸੁ ਹੋਵੈ ਪਾਰਸੁ ਹੋਇ ਤ ਪੂਜ ਕਰਾਏ॥		Sathigur Bhaettae Thaa Paaras Hovai Paaras Hoe Th Pooj Karaaeae ||	When one meets the True Guru, he becomes the philosopher's stone, with the ability to transform others, inspiring them to worship the Lord.	ਜਦੋਂ ਕਿਸੇ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਤਦੋਂ ਉਹ ਪਾਰਸ ਬਣ ਜਾਂਦਾ ਹੈ (ਉਹ ਹੋਰ ਮਨੁੱਖਾਂ ਨੂੰ ਭੀ ਉੱਚੇ ਜੀਵਨ ਵਾਲਾ ਬਣਾਣ-ਜੋਗਾ ਹੋ ਜਾਂਦਾ ਹੈ), ਜਦੋਂ ਉਹ ਪਾਰਸ ਬਣਦਾ ਹੈ ਤਦੋਂ ਲੋਕਾਂ ਪਾਸੋਂ ਆਦਰ-ਮਾਣ ਹਾਸਲ ਕਰਦਾ ਹੈ।
22167	491	ਜੋ ਉਸੁ ਪੂਜੇ ਸੋ ਫਲੁ ਪਾਏ ਦੀਖਿਆ ਦੇਵੈ ਸਾਚੁ ਬੁਝਾਏ॥੨॥	ਬੁੱਝਾਏ	Jo Ous Poojae So Fal Paaeae Dheekhiaa Dhaevai Saach Bujhaaeae ||2||	One who worships the Lord in adoration, obtains his rewards; instructing others, he reveals the Truth. ||2||	ਜੇਹੜਾ ਭੀ ਮਨੁੱਖ ਉਸ ਦਾ ਆਦਰ ਕਰਦਾ ਹੈ ਉਹ (ਉੱਚਾ ਆਤਮਕ ਜੀਵਨ-ਰੂਪ) ਫਲ ਪ੍ਰਾਪਤ ਕਰਦਾ ਹੈ। (ਪਾਰਸ ਬਣਿਆ ਹੋਇਆ ਮਨੁੱਖ ਹੋਰਨਾਂ ਨੂੰ ਉੱਚੇ ਜੀਵਨ ਦੀ) ਸਿੱਖਿਆ ਦੇਂਦਾ ਹੈ, ਤੇ, ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਸਿਮਰਨ ਦੀ ਅਕਲ ਦੇਂਦਾ ਹੈ ॥੨॥
22168	491	ਵਿਣੁ ਪਾਰਸੈ ਪੂਜ ਨ ਹੋਵਈ ਵਿਣੁ ਮਨ ਪਰਚੇ ਅਵਰਾ ਸਮਝਾਏ॥	(ਪਰਚੇ) ਤਸੱਲੀ। (ਅਵਰਾ) ਦੂਜਿਆਂ	Vin Paarasai Pooj N Hovee Vin Man Parachae Avaraa Samajhaaeae ||	Without becoming the philosopher's stone, he does not inspire others to worship the Lord; without instructing his own mind, how can he instruct others?	(ਪਰ, ਹੇ ਭਾਈ!) ਪਾਰਸ ਬਣਨ ਤੋਂ ਬਿਨਾ (ਦੁਨੀਆ ਪਾਸੋਂ) ਆਦਰ-ਮਾਣ ਨਹੀਂ ਮਿਲਦਾ, (ਕਿਉਂਕਿ) ਆਪਣਾ ਮਨ ਸਿਮਰਨ ਵਿਚ ਪਤੀਜਣ ਤੋਂ ਬਿਨਾ ਹੀ ਉਹ ਮਨੁੱਖ ਹੋਰਨਾਂ ਨੂੰ (ਸਿਮਰਨ ਦੀ) ਸਿੱਖਿਆ ਦੇਂਦਾ ਹੈ।

22169	491	ਗੁਰੂ ਸਦਾਏ ਅਗਿਆਨੀ ਅੰਧਾ ਕਿਸੁ ਓਹੁ ਮਾਰਗਿ ਪਾਏ॥੩॥		Guroo Sadhaaeae Agiaanee Andhhaa Kis Ouhu Maarag Paaeae ||3||	The ignorant, blind man calls himself the guru, but to whom can he show the way? ||3||	ਜੇਹੜਾ ਮਨੁੱਖ ਆਪ ਤਾਂ ਗਿਆਨ ਤੋਂ ਸੱਖਣਾ ਹੈ, ਆਪ ਤਾਂ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਪਿਆ ਹੈ, ਪਰ ਆਪਣੇ ਆਪ ਨੂੰ ਗੁਰੂ ਅਖਵਾਂਦਾ ਹੈ ਉਹ ਕਿਸੇ ਹੋਰ ਨੂੰ (ਸਹੀ ਜੀਵਨ ਦੇ) ਰਸਤੇ ਉਤੇ ਨਹੀਂ ਪਾ ਸਕਦਾ ॥੩॥
22170	491	ਨਾਨਕ ਵਿਣੁ ਨਦਰੀ ਕਿਛੂ ਨ ਪਾਈਐ ਜਿਸੁ ਨਦਰਿ ਕਰੇ ਸੋ ਪਾਏ॥		Naanak Vin Nadharee Kishhoo N Paaeeai Jis Nadhar Karae So Paaeae ||	O Nanak, without His Mercy, nothing can be obtained. One upon whom He casts His Glance of Grace, obtains Him.	ਹੇ ਨਾਨਕ! (ਕਿਸੇ ਦੇ ਵੱਸ ਦੀ ਗੱਲ ਨਹੀਂ) ਪਰਮਾਤਮਾ ਦੀ ਮੇਹਰ ਦੀ ਨਿਗਾਹ ਤੋਂ ਬਿਨਾ ਕੁਝ ਭੀ ਪ੍ਰਾਪਤ ਨਹੀਂ ਹੁੰਦਾ (ਆਤਮਕ ਜੀਵਨ ਦੀ ਦਾਤਿ ਨਹੀਂ ਮਿਲਦੀ)। ਜਿਸ ਮਨੁੱਖ ਉਤੇ ਮੇਹਰ ਦੀ ਨਜ਼ਰ ਕਰਦਾ ਹੈ ਉਹ ਮਨੁੱਖ ਇਹ ਦਾਤਿ ਹਾਸਲ ਕਰ ਲੈਂਦਾ ਹੈ।
22171	491	ਗੁਰ ਪਰਸਾਦੀ ਦੇ ਵਡਿਆਈ ਅਪਣਾ ਸਬਦੁ ਵਰਤਾਏ॥੪॥੫॥੭॥	(ਸਬਦੁ) ਹੁਕਮ	Gur Parasaadhee Dhae Vaddiaaee Apanaa Sabadh Varathaaeae ||4||5||7||	By Guru's Grace, God bestows greatness, and projects the Word of His Shabad. ||4||5||7||	ਗੁਰੂ ਦੀ ਕਿਰਪਾ ਦੀ ਬਰਕਤਿ ਨਾਲ ਪਰਮਾਤਮਾ (ਜਿਸ ਮਨੁੱਖ ਨੂੰ) ਵਡਿਆਈ ਬਖ਼ਸ਼ਦਾ ਹੈ ਉਸ ਦੇ ਹਿਰਦੇ ਵਿਚ ਆਪਣੀ ਸਿਫ਼ਤਿ-ਸਾਲਾਹ ਦੀ ਬਾਣੀ ਵਸਾਂਦਾ ਹੈ ॥੪॥੫॥੭॥
22172	491	ਗੂਜਰੀ ਮਹਲਾ ੩ ਪੰਚਪਦੇ॥		Goojaree Mehalaa 3 Panchapadhae ||	Goojaree, Third Mehl, Panch-Padas:	

22173	491	ਨਾ ਕਾਸੀ ਮਤਿ ਊਪਜੈ ਨਾ ਕਾਸੀ ਮਤਿ ਜਾਇ॥	(ਕਾਂਸੀ) ਬਨਾਰਸ	Naa Kaasee Math Oopajai Naa Kaasee Math Jaae ||	Wisdom is not produced in Benares, nor is wisdom lost in Benares.	ਨਾਹ ਹੀ ਕਾਂਸ਼ੀ (ਆਦਿਕ ਤੀਰਥਾਂ ਤੇ ਗਿਆਂ) ਸੁਚੱਜੀ ਅਕਲ ਪੈਦਾ ਹੁੰਦੀ ਹੈ, ਨਾਹ ਹੀ ਕਾਂਸ਼ੀ (ਆਦਿਕ ਤੀਰਥਾਂ ਤੇ ਨਾਹ ਗਿਆਂ) ਚੰਗੀ ਅਕਲ ਦੂਰ ਹੋ ਜਾਂਦੀ ਹੈ;
22174	491	ਸਤਿਗੁਰ ਮਿਲਿਐ ਮਤਿ ਊਪਜੈ ਤਾ ਇਹ ਸੋਝੀ ਪਾਇ॥੧॥		Sathigur Miliai Math Oopajai Thaa Eih Sojhee Paae ||1||	Meeting the True Guru, wisdom is produced, and then, one obtains this understanding. ||1||	ਗੁਰੂ ਨੂੰ ਮਿਲਿਆਂ (ਮਨੁੱਖ ਦੇ ਅੰਦਰ) ਚੰਗੀ ਅਕਲ ਪੈਦਾ ਹੁੰਦੀ ਹੈ, ਤਦੋਂ ਮਨੁੱਖ ਨੂੰ ਇਹ ਸਮਝ ਆਉਂਦੀ ਹੈ ॥੧॥
22175	491	ਹਰਿ ਕਥਾ ਤੂੰ ਸੁਣਿ ਰੇ ਮਨ ਸਬਦੁ ਮੰਨਿ ਵਸਾਇ॥		Har Kathhaa Thoon Sun Rae Man Sabadh Mann Vasaae ||	Listen to the sermon of the Lord, O mind, and enshrine the Shabad of His Word within your mind.	ਹੇ ਮੇਰੇ ਮਨ! ਤੂੰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਿਆ ਕਰ। ਗੁਰੂ ਦੇ ਸ਼ਬਦ ਨੂੰ ਆਪਣੇ ਮਨ ਵਿਚ ਵਸਾਈ ਰੱਖ।
22176	491	ਇਹ ਮਤਿ ਤੇਰੀ ਥਿਰੁ ਰਹੈ ਤਾਂ ਭਰਮੁ ਵਿਚਹੁ ਜਾਇ॥੧॥ਰਹਾਉ॥		Eih Math Thaeree Thhir Rehai Thaan Bharam Vichahu Jaae ||1|| Rehaao ||	If your intellect remains stable and steady, then doubt shall depart from within you. ||1||Pause||	ਜਦੋਂ (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ, ਗੁਰ-ਸ਼ਬਦ ਦੀ ਬਰਕਤਿ ਨਾਲ) ਤੇਰੀ ਇਹ ਅਕਲ ਮਾਇਆ ਦੇ ਮੋਹ ਵਿਚ ਡੋਲਣੋਂ ਬਚੀ ਰਹੇਗੀ, ਤਦੋਂ ਤੇਰੇ ਅੰਦਰੋਂ ਭਟਕਣਾ ਦੂਰ ਹੋ ਜਾਇਗੀ ॥੧॥ ਰਹਾਉ ॥

22177	491	ਹਰਿ ਚਰਣ ਰਿਦੈ ਵਸਾਇ ਤੂ ਕਿਲਵਿਖ ਹੋਵਹਿ ਨਾਸੁ॥	(ਕਿਲਵਿਖ) ਪਾਪ	Har Charan Ridhai Vasaae Thoo Kilavikh Hovehi Naas ||	Enshrine the Lord's lotus feet within your heart, and your sins shall be erased.	ਤੂੰ ਪਰਮਾਤਮਾ ਦੇ ਚਰਨ ਆਪਣੇ ਹਿਰਦੇ ਵਿਚ ਸੰਭਾਲ, ਤੇਰੇ ਸਾਰੇ ਪਾਪ ਨਾਸ ਹੋ ਜਾਣਗੇ।
22178	491	ਪੰਚ ਭੂ ਆਤਮਾ ਵਸਿ ਕਰਹਿ ਤਾ ਤੀਰਥ ਕਰਹਿ ਨਿਵਾਸੁ॥੨॥	ਪੰਚਚੇਤਨ,ਸਭ ਦੇ ਵਸਣ ਦੇ ਭੂ ਅਸਥਾਨ।ਆਤਮਾਅਪਣੇ ਆਪ ਸਰੂਪ ਵਾਹਿਗੁਰੂ ਜੀ ਨੂੰ ਪ੍ਰੇਮ ਦੇ ਵਸੀਕਾਰ ਕਰੇ	Panch Bhoo Aathamaa Vas Karehi Thaa Theerathh Karehi Nivaas ||2||	If your soul overcomes the five elements, then you shall come to have a home at the true place of pilgrimage. ||2||	ਜੇ ਤੂੰ (ਪ੍ਰਭੂ-ਚਰਨਾਂ ਦੀ ਬਰਕਤਿ ਨਾਲ) ਕਾਮਾਦਿਕ ਪੰਜਾਂ ਦੇ ਵੱਸ ਵਿਚ ਆਏ ਹੋਏ ਮਨ ਨੂੰ ਆਪਣੇ ਵੱਸ ਵਿਚ ਕਰ ਲਏਂ, ਤਾਂ ਤੂੰ ਤੀਰਥਾਂ ਉਤੇ ਹੀ ਨਿਵਾਸ ਕਰ ਰਿਹਾ ਹੈਂ ॥੨॥
22179	491	ਮਨਮੁਖਿ ਇਹੁ ਮਨੁ ਮੁਗਧੁ ਹੈ ਸੋਝੀ ਕਿਛੂ ਨ ਪਾਇ॥	(ਮੁਗਧੁ) ਬੇਸਮਝ	Manamukh Eihu Man Mugadhh Hai Sojhee Kishhoo N Paae ||	This mind of the self-centered manmukh is so stupid; it does not obtain any understanding at all.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ ਇਹ ਮਨ (ਸਦਾ) ਮੂਰਖ (ਹੀ ਟਿਕਿਆ ਰਹਿੰਦਾ) ਹੈ, ਉਸ ਨੂੰ (ਉੱਚੇ ਆਤਮਕ ਜੀਵਨ ਦੀ) ਰਤਾ ਭੀ ਸਮਝ ਨਹੀਂ ਪੈਂਦੀ।
22180	491	ਹਰਿ ਕਾ ਨਾਮੁ ਨ ਬੁਝਈ ਅੰਤਿ ਗਇਆ ਪਛੁਤਾਇ॥੩॥	ਬੁੱਝਈ।ਗ-ਇਆ	Har Kaa Naam N Bujhee Anth Gaeiaa Pashhuthaae ||3||	It does not understand the Name of the Lord; it departs repenting in the end. ||3||	ਉਹ ਪਰਮਾਤਮਾ ਦੇ ਨਾਮ (ਦੀ ਕਦਰ) ਨੂੰ ਨਹੀਂ ਸਮਝਦਾ, ਆਖ਼ਰ ਉਹ ਹੱਥ ਮਲਦਾ ਹੀ (ਜਗਤ ਤੋਂ) ਤੁਰ ਜਾਂਦਾ ਹੈ ॥੩॥

22181	491	ਇਹੁ ਮਨੁ ਕਾਸੀ ਸਭਿ ਤੀਰਥ ਸਿਮ੍ਰਿਤਿ ਸਤਿਗੁਰ ਦੀਆ ਬੁਝਾਇ॥	ਸਿਮ-ਰ੍ਿਤਿ	Eihu Man Kaasee Sabh Theerathh Simrith Sathigur Dheeaa Bujhaae ||	In this mind are found Benares, all sacred shrines of pilgrimage and the Shaastras; the True Guru has explained this.	ਜਿਸ ਮਨੁੱਖ ਨੂੰ ਸਤਿਗੁਰੂ ਨੇ (ਆਤਮਕ ਜੀਵਨ ਦੀ) ਸੂਝ ਬਖ਼ਸ਼ ਦਿੱਤੀ (ਉਸ ਦੇ ਵਾਸਤੇ) ਇਹ ਮਨ ਹੀ ਕਾਂਸ਼ੀ ਹੈ, ਇਹ ਮਨ ਹੀ ਸਾਰੇ ਤੀਰਥ ਹੈ ਇਹ ਮਨ ਹੀ ਸਾਰੀਆਂ ਸਿਮ੍ਰਿਤੀਆਂ ਹੈ,
22182	491	ਅਠਸਠਿ ਤੀਰਥ ਤਿਸੁ ਸੰਗਿ ਰਹਹਿ ਜਿਨ ਹਰਿ ਹਿਰਦੈ ਰਹਿਆ ਸਮਾਇ॥੪॥	ਅੱਠਸੱਠਿ	Athasath Theerathh This Sang Rehehi Jin Har Hiradhai Rehiaa Samaae ||4||	The sixty-eight places of pilgrimage remain with one, whose heart is filled with the Lord. ||4||	ਉਸ ਮਨੁੱਖ ਦੇ ਨਾਲ ਅਠਾਹਠ ਹੀ ਤੀਰਥ ਵੱਸਦੇ ਹਨ। ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਸਦਾ ਪਰਮਾਤਮਾ ਵੱਸਿਆ ਰਹਿੰਦਾ ਹੈ (ਉਹਨਾਂ ਵਾਸਤੇ ਇਹ ਮਨ ਹੀ ਕਾਂਸ਼ੀ ਹੈ) ॥੪॥
22183	491	ਨਾਨਕ ਸਤਿਗੁਰ ਮਿਲਿਐ ਹੁਕਮੁ ਬੁਝਿਆ ਏਕੁ ਵਸਿਆ ਮਨਿ ਆਇ॥		Naanak Sathigur Miliai Hukam Bujhiaa Eaek Vasiaa Man Aae ||	O Nanak, upon meeting the True Guru, the Order of the Lord's Will is understood, and the One Lord comes to dwell in the mind.	ਹੇ ਨਾਨਕ! ਜੇ ਮਨੁੱਖ ਗੁਰੂ ਨੂੰ ਮਿਲ ਪਏ ਤਾਂ ਉਹ ਪਰਮਾਤਮਾ ਦੀ ਰਜ਼ਾ ਨੂੰ ਸਮਝ ਲੈਂਦਾ ਹੈ, ਤਾਂ ਇਕ ਪਰਮਾਤਮਾ ਉਸ ਦੇ ਮਨ ਵਿਚ ਆ ਵੱਸਦਾ ਹੈ।

22184	491	ਜੋ ਤੁਧੁ ਭਾਵੈ ਸਭੁ ਸਚੁ ਹੈ ਸਚੇ ਰਹੈ ਸਮਾਇ॥੫॥੬॥੮॥		Jo Thudhh Bhaavai Sabh Sach Hai Sachae Rehai Samaae ||5||6||8||	Those who are pleasing to You, O True Lord, are true. They remain absorbed in You. ||5||6||8||	(ਉਹ ਮਨੁੱਖ ਸਦਾ ਇਉਂ ਯਕੀਨ ਰੱਖਦਾ ਹੈ ਤੇ ਆਖਦਾ ਹੈ-ਹੇ ਪ੍ਰਭੂ!) ਜੋ ਕੁਝ ਤੈਨੂੰ ਚੰਗਾ ਲੱਗਦਾ ਹੈ ਉਹ ਸਦਾ ਅਟੱਲ ਨਿਯਮ ਹੈ। (ਜੇ ਮਨੁੱਖ ਨੂੰ ਗੁਰੂ ਮਿਲ ਪਏ ਤਾਂ ਉਹ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿੰਦਾ ਹੈ ॥੫॥੬॥੮॥
22185	492	ਗੂਜਰੀ ਮਹਲਾ ੩ ਤੀਜਾ॥	ਤੀਜਾ ਤੀਜਾ ਦੋ ਵਾਰੀ ਪੜ੍ਹੋ	Goojaree Mehalaa 3 Theejaa ||	Goojaree, Third Mehl:	
22186	492	ਏਕੋ ਨਾਮੁ ਨਿਧਾਨੁ ਪੰਡਿਤ ਸੁਣਿ ਸਿਖੁ ਸਚੁ ਸੋਈ॥		Eaeko Naam Nidhhaan Panddith Sun Sikh Sach Soee ||	The One Name is the treasure, O Pandit. Listen to these True Teachings.	ਹੇ ਪੰਡਿਤ! ਇਕ ਹਰਿ-ਨਾਮ ਹੀ (ਸਾਰੇ ਗੁਣਾਂ ਦਾ, ਸਾਰੇ ਪਦਾਰਥਾਂ ਦਾ) ਖ਼ਜ਼ਾਨਾ ਹੈ, ਇਸ ਹਰਿ-ਨਾਮ ਨੂੰ ਸੁਣਿਆ ਕਰ, ਇਸ ਹਰਿ-ਨਾਮ ਨੂੰ ਜਪਣ ਦੀ ਜਾਚ ਸਿੱਖ। ਹੇ ਪੰਡਿਤ! ਉਹ ਹਰੀ ਹੀ ਸਦਾ ਕਾਇਮ ਰਹਿਣ ਵਾਲਾ ਹੈ।
22187	492	ਦੂਜੈ ਭਾਇ ਜੇਤਾ ਪੜਹਿ ਪੜਤ ਗੁਣਤ ਸਦਾ ਦੁਖੁ ਹੋਈ॥੧॥	(ਗੁਣਤ) ਵੀਚਾਰਨਾ	Dhoojai Bhaae Jaethaa Parrehi Parrath Gunath Sadhaa Dhukh Hoee ||1||	No matter what you read in duality, reading and contemplating it, you shall only continue to suffer. ||1||	ਤੂੰ ਮਾਇਆ ਦੇ ਪਿਆਰ ਵਿਚ (ਫਸਿਆ ਰਹਿ ਕੇ) ਜਿਤਨਾ ਕੁਝ (ਜਿਤਨੇ ਭੀ ਧਾਰਮਿਕ ਪੁਸਤਕ) ਪੜ੍ਹਦਾ ਹੈਂ, ਉਹਨਾਂ ਨੂੰ ਪੜ੍ਹਦਿਆਂ ਤੇ ਵਿਚਾਰਦਿਆਂ ਤੈਨੂੰ ਸਦਾ ਦੁੱਖ ਹੀ ਲੱਗਾ ਰਹਿੰਦਾ ਹੈ ॥੧॥

22188	492	ਹਰਿ ਚਰਣੀ ਤੂੰ ਲਾਗਿ ਰਹੁ ਗੁਰ ਸਬਦਿ ਸੋਝੀ ਹੋਈ॥		Har Charanee Thoon Laag Rahu Gur Sabadh Sojhee Hoee ||	So grasp the Lord's lotus feet; through the Word of the Guru's Shabad, you shall come to understand.	ਹੇ ਪੰਡਿਤ! ਗੁਰੂ ਦੇ ਸ਼ਬਦ ਵਿਚ ਜੁੜ ਕੇ ਤੂੰ ਪਰਮਾਤਮਾ ਦੇ ਚਰਨਾਂ ਵਿਚ ਟਿਕਿਆ ਰਹੁ, ਤਾਂ ਤੈਨੂੰ (ਸੁਚੱਜੇ ਆਤਮਕ ਜੀਵਨ ਦੀ) ਸਮਝ ਪਵੇਗੀ।
22189	492	ਹਰਿ ਰਸੁ ਰਸਨਾ ਚਾਖੁ ਤੂੰ ਤਾਂ ਮਨੁ ਨਿਰਮਲੁ ਹੋਈ॥੧॥ਰਹਾਉ॥		Har Ras Rasanaa Chaakh Thoon Thaan Man Niramal Hoee ||1|| Rehaao ||	With your tongue, taste the sublime elixir of the Lord, and your mind shall be rendered immaculately pure. ||1||Pause||	ਹੇ ਪੰਡਿਤ! ਪਰਮਾਤਮਾ ਦੇ ਨਾਮ ਦਾ ਰਸ ਆਪਣੀ ਜੀਭ ਨਾਲ ਚੱਖਦਾ ਰਹੁ, ਤਾਂ ਤੇਰਾ ਮਨ ਪਵਿਤ੍ਰ ਹੋ ਜਾਇਗਾ ॥੧॥ ਰਹਾਉ ॥
22190	492	ਸਤਿਗੁਰ ਮਿਲਿਐ ਮਨੁ ਸੰਤੋਖੀਐ ਤਾ ਫਿਰਿ ਤ੍ਰਿਸਨਾ ਭੂਖ ਨ ਹੋਇ॥		Sathigur Miliai Man Santhokheeai Thaa Fir Thrisanaa Bhookh N Hoe ||	Meeting the True Guru, the mind becomes content, and then, hunger and desire will not trouble you any longer.	ਹੇ ਪੰਡਿਤ! ਗੁਰੂ ਨੂੰ ਮਿਲਿਆਂ ਮਨ ਸੰਤੋਖ ਪ੍ਰਾਪਤ ਕਰ ਲੈਂਦਾ ਹੈ, ਫਿਰ ਮਨੁੱਖ ਨੂੰ ਮਾਇਆ ਦੀ ਤ੍ਰੇਹ, ਮਾਇਆ ਦੀ ਭੁੱਖ ਨਹੀਂ ਵਿਆਪਦੀ।
22191	492	ਨਾਮੁ ਨਿਧਾਨੁ ਪਾਇਆ ਪਰ ਘਰਿ ਜਾਇ ਨ ਕੋਇ॥੨॥		Naam Nidhhaan Paaeiaa Par Ghar Jaae N Koe ||2||	Obtaining the treasure of the Naam, the Name of the Lord, one does not go knocking at other doors. ||2||	(ਜਿਸ ਮਨੁੱਖ ਨੂੰ ਗੁਰੂ ਪਾਸੋਂ) ਪਰਮਾਤਮਾ ਦਾ ਨਾਮ-ਖ਼ਜ਼ਾਨਾ ਮਿਲ ਜਾਂਦਾ ਹੈ ਉਹ (ਆਸਰੇ ਵਾਸਤੇ) ਕਿਸੇ ਹੋਰ ਘਰ ਵਿਚ ਨਹੀਂ ਜਾਂਦਾ (ਉਹ ਕਿਸੇ ਹੋਰ ਦੇਵੀ ਦੇਵਤੇ ਆਦਿਕ ਦਾ ਆਸਰਾ ਨਹੀਂ ਭਾਲਦਾ) ॥੨॥

22192	492	ਕਥਨੀ ਬਦਨੀ ਜੇ ਕਰੇ ਮਨਮੁਖਿ ਬੂਝ ਨ ਹੋਇ॥	(ਬਦਨੀ) ਮੂੰਹ ਦੀਆਂ ਗਲਾਂ	Kathhanee Badhanee Jae Karae Manamukh Boojh N Hoe ||	The self-willed manmukh babbles on and on, but he does not understand.	ਪਰ ਜੇ ਕੋਈ ਮਨੁੱਖ ਨਿਰੀਆਂ ਮੂੰਹ ਦੀਆਂ ਗੱਲਾਂ ਹੀ ਕਰਦਾ ਰਹੇ, ਤੇ ਉਂਞ ਆਪਣੇ ਹੀ ਮਨ ਦੇ ਪਿੱਛੇ ਤੁਰਦਾ ਰਹੇ ਉਸ ਨੂੰ ਆਤਮਕ ਜੀਵਨ ਦੀ ਸਮਝ ਨਹੀਂ ਪੈਂਦੀ।
22193	492	ਗੁਰਮਤੀ ਘਟਿ ਚਾਨਣਾ ਹਰਿ ਨਾਮੁ ਪਾਵੈ ਸੋਇ॥੩॥		Guramathee Ghatt Chaananaa Har Naam Paavai Soe ||3||	One whose heart is illumined, by Guru's Teachings, obtains the Name of the Lord. ||3||	ਹੇ ਪੰਡਿਤ! ਗੁਰੂ ਦੀ ਮਤਿ ਤੇ ਤੁਰਿਆਂ ਹੀ ਹਿਰਦੇ ਵਿਚ (ਸੁਚੱਜੇ ਜੀਵਨ ਦਾ) ਚਾਨਣ ਪੈਦਾ ਹੁੰਦਾ ਹੈ, ਗੁਰਮਤਿ ਲੈਣ ਵਾਲਾ ਮਨੁੱਖ ਪਰਮਾਤਮਾ ਦਾ ਨਾਮ ਹਾਸਲ ਕਰ ਲੈਂਦਾ ਹੈ ॥੩॥
22194	492	ਸੁਣਿ ਸਾਸਤ੍ਰ ਤੂੰ ਨ ਬੁਝਹੀ ਤਾ ਫਿਰਹਿ ਬਾਰੋ ਬਾਰ॥	ਬੁੱਝਹੀ	Sun Saasathr Thoon N Bujhehee Thaa Firehi Baaro Baar ||	You may listen to the Shaastras, but you do not understand, and so you wander from door to door.	ਹੇ ਪੰਡਿਤ! ਸ਼ਾਸਤ੍ਰਾਂ ਨੂੰ ਸੁਣ ਸੁਣ ਕੇ ਭੀ ਤੂੰ (ਆਤਮਕ ਜੀਵਨ ਨੂੰ) ਨਹੀਂ ਸਮਝਦਾ, ਤਾਹੀਏਂ ਤੂੰ ਮੁੜ ਮੁੜ ਭਟਕਦਾ ਫਿਰਦਾ ਹੈਂ।
22195	492	ਸੋ ਮੂਰਖੁ ਜੋ ਆਪੁ ਨ ਪਛਾਣਈ ਸਚਿ ਨ ਧਰੇ ਪਿਆਰੁ॥੪॥	ਪਛਾ-ਣਈ	So Moorakh Jo Aap N Pashhaanee Sach N Dharae Piaar ||4||	He is a fool, who does not understand his own self, and who does not enshrine love for the True Lord. ||4||	ਹੇ ਪੰਡਿਤ! ਜੇਹੜਾ ਮਨੁੱਖ ਆਪਣੇ ਆਤਮਕ ਜੀਵਨ ਨੂੰ ਨਹੀਂ ਪੜਤਾਲਦਾ ਉਹ (ਸਿਮ੍ਰਿਤੀਆਂ ਸ਼ਾਸਤ੍ਰ ਪੜ੍ਹ ਕੇ ਭੀ) ਮੂਰਖ (ਹੀ) ਹੈ। ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ (ਕਦੇ ਪਿਆਰ ਨਹੀਂ ਪਾ ਸਕਦਾ ॥੪॥

22196	492	ਸਚੈ ਜਗਤੁ ਡਹਕਾਇਆ ਕਹਣਾ ਕਛੂ ਨ ਜਾਇ॥	(ਡਹਕਾਇਆ) ਛਲਿਆ। ਜੱਗਤੁ	Sachai Jagath Ddehakaaeiaa Kehanaa Kashhoo N Jaae ||	The True Lord has fooled the world - no one has any say in this at all.	(ਪਰ, ਹੇ ਪੰਡਿਤ! ਪਰਮਾਤਮਾ ਦੀ ਰਜ਼ਾ ਬਾਰੇ) ਕੁਝ ਕਿਹਾ ਨਹੀਂ ਜਾ ਸਕਦਾ, ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੇ ਆਪ ਹੀ ਜਗਤ ਨੂੰ ਮਾਇਆ ਦੀ ਭਟਕਣਾ ਵਿਚ ਪਾਇਆ ਹੋਇਆ ਹੈ।
22197	492	ਨਾਨਕ ਜੋ ਤਿਸੁ ਭਾਵੈ ਸੋ ਕਰੇ ਜਿਉ ਤਿਸ ਕੀ ਰਜਾਇ॥੫॥੭॥੯॥		Naanak Jo This Bhaavai So Karae Jio This Kee Rajaae ||5||7||9||	O Nanak, He does whatever He pleases, according to His Will. ||5||7||9||	ਹੇ ਨਾਨਕ! ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ ਉਹ ਉਹੀ ਕੁਝ ਕਰਦਾ ਹੈ। ਜਿਵੇਂ ਪਰਮਾਤਮਾ ਦੀ ਰਜ਼ਾ ਹੈ (ਤਿਵੇਂ ਜਗਤ ਰੁੱਝਾ ਪਿਆ ਹੈ) ॥੫॥੭॥੯॥
22198	492	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22199	492	ਰਾਗੁ ਗੂਜਰੀ ਮਹਲਾ ੪ ਚਉਪਦੇ ਘਰੁ ੧॥		Raag Goojaree Mehalaa 4 Choupadhae Ghar 1 ||	Raag Goojaree, Fourth Mehl, Chau-Padas, First House:	ਰਾਗ ਗੂਜਰੀ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।

22200	492	ਹਰਿ ਕੇ ਜਨ ਸਤਿਗੁਰ ਸਤ ਪੁਰਖਾ ਹਉ ਬਿਨਉ ਕਰਉ ਗੁਰ ਪਾਸਿ॥	(ਬਿਨਉ) ਬੇਨਤੀ	Har Kae Jan Sathigur Sath Purakhaa Ho Bino Karo Gur Paas ||	O Servant of the Lord, O True Guru, O True Primal Being, I offer my prayers to You, O Guru.	ਹੇ ਸਤਿਗੁਰੂ! ਹੇ ਪਰਮਾਤਮਾ ਦੇ ਭਗਤ! ਹੇ ਮਹਾ ਪੁਰਖ ਗੁਰੂ! ਮੈਂ ਤੇਰੇ ਪਾਸ ਬੇਨਤੀ ਕਰਦਾ ਹਾਂ।
22201	492	ਹਮ ਕੀਰੇ ਕਿਰਮ ਸਤਿਗੁਰ ਸਰਣਾਈ ਕਰਿ ਦਇਆ ਨਾਮੁ ਪਰਗਾਸਿ॥੧॥		Ham Keerae Kiram Sathigur Saranaaee Kar Dhaeiaa Naam Paragaas ||1||	I am an insect and a worm; O True Guru, I seek Your Sanctuary; please, be merciful and bestow upon me the Light of the Naam, the Name of the Lord. ||1||	ਹੇ ਸਤਿਗੁਰੂ! ਮੈਂ ਇਕ ਕੀੜਾ ਹਾਂ, ਨਿੱਕਾ ਜਿਹਾ ਕੀੜਾ ਹਾਂ। ਤੇਰੀ ਸਰਨ ਆਇਆ ਹਾਂ। ਮੇਹਰ ਕਰ, ਮੈਨੂੰ ਪਰਮਾਤਮਾ ਦਾ ਨਾਮ-ਚਾਨਣ ਦੇਹ ॥੧॥
22202	492	ਮੇਰੇ ਮੀਤ ਗੁਰਦੇਵ ਮੋਕਉ ਰਾਮ ਨਾਮੁ ਪਰਗਾਸਿ॥		Maerae Meeth Guradhaev Mo Ko Raam Naam Paragaas ||	O my Best Friend, O Divine Guru, please illuminate me with the Light of the Lord.	ਹੇ ਮੇਰੇ ਮਿੱਤਰ ਸਤਿਗੁਰੂ! ਮੈਨੂੰ ਪਰਮਾਤਮਾ ਦਾ ਨਾਮ (-ਰੂਪ) ਚਾਨਣ ਬਖ਼ਸ਼।
22203	492	ਗੁਰਮਤਿ ਨਾਮੁ ਮੇਰਾ ਪ੍ਰਾਨ ਸਖਾਈ ਹਰਿ ਕੀਰਤਿ ਹਮਰੀ ਰਹਰਾਸਿ॥੧॥ਰਹਾਉ ॥	(ਰਹਰਾਸਿ) ਰੀਤੀ ਮਰਯਾਦਾ	Guramath Naam Maeraa Praan Sakhaaee Har Keerath Hamaree Reharaas ||1|| Rehaao ||	By Guru's Instructions, the Naam is my breath of life, and the Praise of the Lord is my occupation. ||1||Pause||	(ਮੇਹਰ ਕਰ) ਗੁਰਮਤਿ ਰਾਹੀਂ ਮਿਲਿਆ ਹਰਿ-ਨਾਮ ਮੇਰੀ ਜਿੰਦ ਦਾ ਸਾਥੀ ਬਣਿਆ ਰਹੇ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਮੇਰੇ ਵਾਸਤੇ ਮੇਰੇ ਜੀਵਨ-ਰਾਹ ਦੀ ਪੂੰਜੀ ਬਣੀ ਰਹੇ ॥੧॥ ਰਹਾਉ ॥

22204	492	ਹਰਿ ਜਨ ਕੇ ਵਡਭਾਗ ਵਡੇਰੇ ਜਿਨ ਹਰਿ ਹਰਿ ਸਰਧਾ ਹਰਿ ਪਿਆਸ॥		Har Jan Kae Vaddabhaag Vaddaerae Jin Har Har Saradhhaa Har Piaas ||	The Lord's servants have the greatest good fortune; they have faith in the Lord, Har, Har, and a thirst for the Lord.	ਜਿਨ੍ਹਾਂ ਹਰਿ-ਭਗਤਾਂ ਦੇ ਹਿਰਦੇ ਵਿਚ ਪਰਮਾਤਮਾ ਦੇ ਨਾਮ ਦੀ ਸਰਧਾ ਹੈ ਨਾਮ ਜਪਣ ਦੀ ਖਿੱਚ ਹੈ, ਉਹ ਵੱਡੇ ਭਾਗਾਂ ਵਾਲੇ ਹਨ।
22205	492	ਹਰਿ ਹਰਿ ਨਾਮੁ ਮਿਲੈ ਤ੍ਰਿਪਤਾਸਹਿ ਮਿਲਿ ਸੰਗਤਿ ਗੁਣ ਪਰਗਾਸਿ॥੨॥	ਤ੍ਰਿਪਤਾਸਹਿ	Har Har Naam Milai Thripathaasehi Mil Sangath Gun Paragaas ||2||	Obtaining the Name of the Lord, Har, Har, they are satisfied; joining the Company of the Holy, their virtues shine forth. ||2||	ਜਦੋਂ ਉਹਨਾਂ ਨੂੰ ਪ੍ਰਭੂ ਦਾ ਨਾਮ ਪ੍ਰਾਪਤ ਹੁੰਦਾ ਹੈ ਉਹ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦੇ ਹਨ। ਸਾਧ ਸੰਗਤਿ ਵਿਚ ਮਿਲ ਕੇ ਉਹਨਾਂ ਦੇ ਅੰਦਰ ਗੁਣ ਪਰਗਟ ਹੋ ਜਾਂਦੇ ਹਨ ॥੨॥
22206	492	ਜਿਨ੍ ਹਰਿ ਹਰਿ ਹਰਿ ਰਸੁ ਨਾਮੁ ਨ ਪਾਇਆ ਤੇ ਭਾਗਹੀਣ ਜਮ ਪਾਸਿ॥		Jinh Har Har Har Ras Naam N Paaeiaa Thae Bhaageheen Jam Paas ||	Those who have not obtained the essence of the Name of the Lord, Har, Har, are most unfortunate; they are taken away by the Messenger of Death.	ਪਰ ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ-ਰਸ ਹਾਸਲ ਨਹੀਂ ਕੀਤਾ, ਉਹ ਬਦ-ਕਿਸਮਤ ਹਨ, ਉਹ ਆਤਮਕ ਮੌਤ ਦੇ ਕਾਬੂ ਆਏ ਰਹਿੰਦੇ ਹਨ।

22207	492	ਜੋ ਸਤਿਗੁਰ ਸਰਣਿ ਸੰਗਤਿ ਨਹੀ ਆਏ ਧ੍ਰਿਗੁ ਜੀਵੇ ਧ੍ਰਿਗੁ ਜੀਵਾਸਿ॥੩॥		Jo Sathigur Saran Sangath Nehee Aaeae Dhhrig Jeevae Dhhrig Jeevaas ||3||	Those who have not sought the Sanctuary of the True Guru and the Company of the Holy - cursed are their lives, and cursed are their hopes of life. ||3||	ਜੇਹੜੇ ਮਨੁੱਖ ਗੁਰੂ ਦੀ ਸਰਨ ਨਹੀਂ ਆਉਂਦੇ, ਸਾਧ ਸੰਗਤਿ ਵਿਚ ਨਹੀਂ ਆਉਂਦੇ, ਉਹਨਾਂ ਦਾ ਹੁਣ ਤਕ ਦਾ ਜੀਵਨ ਤੇ ਅਗਾਂਹ ਦਾ ਜੀਵਨ ਫਿਟਕਾਰ-ਜੋਗ ਹੈ ॥੩॥
22208	492	ਜਿਨ ਹਰਿ ਜਨ ਸਤਿਗੁਰ ਸੰਗਤਿ ਪਾਈ ਤਿਨ ਧੁਰਿ ਮਸਤਕਿ ਲਿਖਿਆ ਲਿਖਾਸਿ॥		Jin Har Jan Sathigur Sangath Paaee Thin Dhhur Masathak Likhiaa Likhaas ||	Those humble servants of the Lord, who have obtained the Company of the True Guru, have such pre-ordained destiny written on their foreheads.	ਜਿਨ੍ਹਾਂ ਹਰਿ-ਭਗਤਾਂ ਨੇ ਗੁਰੂ ਦੀ ਸੰਗਤਿ ਪ੍ਰਾਪਤ ਕਰ ਲਈ, ਉਹਨਾਂ ਦੇ ਮੱਥੇ ਉਤੇ ਧੁਰ ਦਰਗਾਹ ਤੋਂ ਲਿਖਿਆ ਲੇਖ ਉੱਘੜ ਪਿਆ।
22209	492	ਧੰਨੁ ਧੰਨੁ ਸਤਸੰਗਤਿ ਜਿਤੁ ਹਰਿ ਰਸੁ ਪਾਇਆ ਮਿਲਿ ਨਾਨਕ ਨਾਮੁ ਪਰਗਾਸਿ॥੪॥੧॥		Dhhann Dhhann Sathasangath Jith Har Ras Paaeiaa Mil Naanak Naam Paragaas ||4||1||	Blessed, blessed is the Sat Sangat, the True Congregation, where the sublime essence of the Lord is obtained. Meeting with His humble servant, O Nanak, the Naam shines forth. ||4||1||	ਹੇ ਨਾਨਕ! (ਆਖ-) ਸਾਧ ਸੰਗਤਿ ਧੰਨ ਹੈ ਜਿਸ ਦੀ ਰਾਹੀਂ ਮਨੁੱਖ ਪਰਮਾਤਮਾ ਦਾ ਨਾਮ-ਰਸ ਹਾਸਲ ਕਰਦਾ ਹੈ, ਜਿਸ ਵਿਚ ਮਿਲਿਆਂ ਮਨੁੱਖ ਦੇ ਅੰਦਰ ਪਰਮਾਤਮਾ ਦਾ ਨਾਮ ਰੌਸ਼ਨ ਹੋ ਜਾਂਦਾ ਹੈ ॥੪॥੧॥
22210	492	ਗੂਜਰੀ ਮਹਲਾ ੪॥		Goojaree Mehalaa 4 ||	Goojaree, Fourth Mehl:	

22211	492	ਗੋਵਿੰਦੁ ਗੋਵਿੰਦੁ ਪ੍ਰੀਤਮੁ ਮਨਿ ਪ੍ਰੀਤਮੁ ਮਿਲਿ ਸਤਸੰਗਤਿ ਸਬਦਿ ਮਨੁ ਮੋਹੈ॥		Govindh Govindh Preetham Man Preetham Mil Sathasangath Sabadh Man Mohai ||	The Lord, the Lord of the Universe is the Beloved of the minds of those who join the Sat Sangat, the True Congregation. The Shabad of His Word fascinates their minds.	ਹੇ ਮੇਰੇ ਭਰਾਵੋ! ਸਾਧ ਸੰਗਤਿ ਵਿਚ ਮਿਲ ਕੇ, ਗੁਰੂ ਦੇ ਸ਼ਬਦ ਵਿਚ ਜੁੜਨ ਕਰ ਕੇ ਪ੍ਰੀਤਮ ਗੋਵਿੰਦ (ਮੇਰੇ) ਮਨ ਵਿਚ (ਆ ਵੱਸਿਆ ਹੈ, ਤੇ, ਮੇਰੇ) ਮਨ ਨੂੰ ਖਿੱਚ ਪਾ ਰਿਹਾ ਹੈ।
22212	492	ਜਪਿ ਗੋਵਿੰਦੁ ਗੋਵਿੰਦੁ ਧਿਆਈਐ ਸਭ ਕਉ ਦਾਨੁ ਦੇਇ ਪ੍ਰਭੁ ਓਹੈ॥੧॥	ਦੇ-ਇ	Jap Govindh Govindh Dhhiaaeeai Sabh Ko Dhaan Dhaee Prabh Ouhai ||1||	Chant, and meditate on the Lord, the Lord of the Universe; God is the One who gives gifts to all. ||1||	ਗੋਵਿੰਦ ਦਾ ਭਜਨ ਕਰੋ, ਗੋਵਿੰਦ ਦਾ ਧਿਆਨ ਧਰਨਾ ਚਾਹੀਦਾ ਹੈ। ਉਹੀ ਗੋਵਿੰਦ ਸਭ ਜੀਵਾਂ ਨੂੰ ਦਾਤਾਂ ਦੇਂਦਾ ਹੈ ॥੧॥
22213	492	ਮੇਰੇ ਭਾਈ ਜਨਾ ਮੋਕਉ ਗੋਵਿੰਦੁ ਗੋਵਿੰਦੁ ਗੋਵਿੰਦੁ ਮਨੁ ਮੋਹੈ॥		Maerae Bhaaee Janaa Mo Ko Govindh Govindh Govindh Man Mohai ||	O my Siblings of Destiny, the Lord of the Universe, Govind, Govind, Govind, has enticed and fascinated my mind.	ਹੇ ਮੇਰੇ ਭਰਾਵੋ! ਮੈਨੂੰ ਪ੍ਰਿਥਵੀ ਦਾ ਪਾਲਕ-ਪ੍ਰਭੂ ਮਿਲ ਪਿਆ ਹੈ, ਗੋਵਿੰਦ ਮੇਰੇ ਮਨ ਨੂੰ ਖਿੱਚ ਪਾ ਰਿਹਾ ਹੈ।

22214	492	ਗੋਵਿੰਦ ਗੋਵਿੰਦ ਗੋਵਿੰਦ ਗੁਣ ਗਾਵਾ ਮਿਲਿ ਗੁਰ ਸਾਧਸੰਗਤਿ ਜਨੁ ਸੋਹੈ॥੧॥ਰਹਾਉ॥		Govindh Govindh Govindh Gun Gaavaa Mil Gur Saadhhasangath Jan Sohai ||1|| Rehaao ||	I sing the Glorious Praises of the Lord of the Universe, Govind, Govind; joining the Holy Society of the Guru, Your humble servant is beautified. ||1||Pause||	ਮੈਂ ਹੁਣ ਹਰ ਵੇਲੇ ਗੋਵਿੰਦ ਦੇ ਗੁਣ ਗਾ ਰਿਹਾ ਹਾਂ। ਗੁਰੂ ਨੂੰ ਮਿਲ ਕੇ ਸਾਧ ਸੰਗਤਿ ਵਿਚ ਮਿਲ ਕੇ (ਤੇ, ਗੋਵਿੰਦ ਦੇ ਗੁਣ ਗਾ ਕੇ) ਮਨੁੱਖ ਸੋਹਣੇ ਆਤਮਕ ਜੀਵਨ ਵਾਲਾ ਬਣ ਜਾਂਦਾ ਹੈ ॥੧॥ ਰਹਾਉ ॥
22215	492	ਸੁਖਸਾਗਰ ਹਰਿ ਭਗਤਿ ਹੈ ਗੁਰਮਤਿ ਕਉਲਾ ਰਿਧਿ ਸਿਧਿ ਲਾਗੈ ਪਗਿ ਓਹੈ॥	(ਕਉਲਾ) ਲੱਛਮੀ। ਰਿੱਧਿ। ਸਿੱਧਿ। ਪਗਿ:ਪੋਲਾ ਬੋਲੋ	Sukh Saagar Har Bhagath Hai Guramath Koulaa Ridhh Sidhh Laagai Pag Ouhai ||	Devotional worship to the Lord is an ocean of peace; through the Guru's Teachings, wealth, prosperity and the spiritual powers of the Siddhas fall at our feet.	ਹੇ ਭਰਾਵੋ! ਜਿਸ ਮਨੁੱਖ ਨੂੰ ਗੁਰੂ ਦੀ ਮਤਿ ਦੀ ਬਰਕਤਿ ਨਾਲ ਸੁਖਾਂ ਦੇ ਸਮੁੰਦਰ ਪਰਮਾਤਮਾ ਦੀ ਭਗਤੀ ਪ੍ਰਾਪਤ ਹੋ ਜਾਂਦੀ ਹੈ, ਲੱਛਮੀ ਉਸ ਦੇ ਚਰਨੀਂ ਆ ਲੱਗਦੀ ਹੈ, ਹਰੇਕ ਰਿਧੀ ਹਰੇਕ ਸਿਧੀ ਉਸ ਦੇ ਪੈਰੀਂ ਆ ਪੈਂਦੀ ਹੈ।
22216	492	ਜਨ ਕਉ ਰਾਮ ਨਾਮੁ ਆਧਾਰਾ ਹਰਿ ਨਾਮੁ ਜਪਤ ਹਰਿ ਨਾਮੇ ਸੋਹੈ॥੨॥		Jan Ko Raam Naam Aadhhaaraa Har Naam Japath Har Naamae Sohai ||2||	The Lord's Name is the Support of His humble servant; he chants the Lord's Name, and with the Lord's Name he is adorned. ||2||	ਹਰੀ ਦੇ ਭਗਤ ਨੂੰ ਹਰੀ ਦੇ ਨਾਮ ਦਾ ਸਹਾਰਾ ਬਣਿਆ ਰਹਿੰਦਾ ਹੈ। ਪਰਮਾਤਮਾ ਦਾ ਨਾਮ ਜਪਦਿਆਂ, ਪਰਮਾਤਮਾ ਦੇ ਨਾਮ ਵਿਚ ਜੁੜ ਕੇ ਉਸ ਦਾ ਆਤਮਕ ਜੀਵਨ ਸੋਹਣਾ ਬਣ ਜਾਂਦਾ ਹੈ ॥੨॥

22217	493	ਦੁਰਮਤਿ ਭਾਗਹੀਨ ਮਤਿ ਫੀਕੇ ਨਾਮੁ ਸੁਨਤ ਆਵੈ ਮਨਿ ਰੋਹੈ॥	ਦੁਰ-ਮੱਤਿ। (ਰੋਹੈ) ਗੁੱਸਾ	Dhuramath Bhaageheen Math Feekae Naam Sunath Aavai Man Rohai ||	Evil-minded, unfortunate and shallow-minded are those who feel anger in their minds, when they hear the Naam, the Name of the Lord.	ਹੇ ਭਰਾਵੋ! ਭੈੜੀ ਮਤਿ ਤੇ ਤੁਰਨ ਵਾਲੇ ਬਦ-ਕਿਸਮਤਿ ਹੁੰਦੇ ਹਨ, ਉਹਨਾਂ ਦੀ ਆਪਣੀ ਅਕਲ ਭੀ ਹੌਲੀ ਹੀ ਰਹਿੰਦੀ ਹੈ, ਪਰਮਾਤਮਾ ਦਾ ਨਾਮ ਸੁਣਦਿਆਂ ਉਹਨਾਂ ਦੇ ਮਨ ਵਿਚ (ਸਗੋਂ) ਕ੍ਰੋਧ ਆਉਂਦਾ ਹੈ।
22218	493	ਕਉਆ ਕਾਗ ਕਉ ਅੰਮ੍ਰਿਤ ਰਸੁ ਪਾਈਐ ਤ੍ਰਿਪਤੈ ਵਿਸਟਾ ਖਾਇ ਮੁਖਿ ਗੋਹੈ॥੩॥	(ਕਾਗ) ਕਾਂ	Kooaa Kaag Ko Anmrith Ras Paaeeai Thripathai Visattaa Khaae Mukh Gohai ||3||	You may place ambrosial nectar before crows and ravens, but they will be satisfied only by eating manure and dung with their mouths. ||3||	ਕਾਂ ਅੱਗੇ ਕੋਈ ਸੁਆਦਲਾ ਭੋਜਨ ਰੱਖੀਏ (ਤਾਂ ਉਸ ਨੂੰ ਖਾਣ ਦੇ ਥਾਂ) ਉਹ ਵਿਸ਼ਟਾ ਖਾ ਕੇ, ਵਿਸ਼ਟਾ ਮੂੰਹ ਵਿਚ ਪਾ ਕੇ ਖ਼ੁਸ਼ ਹੁੰਦਾ ਹੈ ॥੩॥
22219	493	ਅੰਮ੍ਰਿਤ ਸਰੁ ਸਤਿਗੁਰੁ ਸਤਿਵਾਦੀ ਜਿਤੁ ਨਾਤੈ ਕਉਆ ਹੰਸੁ ਹੋਹੈ॥	ਨ੍ਹਾਤੈ	Anmrith Sar Sathigur Sathivaadhee Jith Naathai Kooaa Hans Hohai ||	The True Guru, the Speaker of Truth, is the pool of Ambrosial Nectar; bathing within it, the crow becomes a swan.	ਹੇ ਭਰਾਵੋ! ਸਦਾ-ਥਿਰ ਹਰੀ ਦਾ ਨਾਮ ਜਪਣ ਵਾਲਾ ਸਤਿਗੁਰੂ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦਾ ਸਰੋਵਰ ਹੈ, ਉਸ ਗੁਰੂ-ਸਰੋਵਰ ਵਿਚ ਨ੍ਹਾਤਿਆਂ (ਆਤਮਕ ਚੁੱਭੀ ਲਾਇਆਂ) ਕਾਂ ਭੀ (ਸਦਾ ਵਿਕਾਰਾਂ ਦੇ ਗੰਦ ਵਿਚ ਖ਼ੁਸ਼-ਰਹਿਣਾ ਮਨੁੱਖ ਭੀ) ਹੰਸ ਬਣ ਜਾਂਦਾ ਹੈ (ਹਰਿ-ਨਾਮ-ਜੋਤੀ ਦਾ ਪ੍ਰੇਮੀ ਬਣ ਜਾਂਦਾ ਹੈ)।

22220	493	ਨਾਨਕ ਧਨੁ ਧੰਨੁ ਵਡੇ ਵਡਭਾਗੀ ਜਿਨ੍ ਗੁਰਮਤਿ ਨਾਮੁ ਰਿਦੈ ਮਲੁ ਧੋਹੈ॥੪॥੨॥		Naanak Dhhan Dhhann Vaddae Vaddabhaagee Jinh Guramath Naam Ridhai Mal Dhhohai ||4||2||	O Nanak, blessed, blessed and very fortunate are those who, through the Guru's Teachings, with the Naam, wash away the filth of their hearts. ||4||2||	ਹੇ ਨਾਨਕ! ਉਹ ਮਨੁੱਖ ਧੰਨ ਹਨ ਵੱਡੇ ਭਾਗਾਂ ਵਾਲੇ ਹਨ, ਗੁਰਮਤਿ ਰਾਹੀਂ ਮਿਲਿਆ ਹਰਿ-ਨਾਮ ਜਿਨ੍ਹਾਂ ਦੇ ਹਿਰਦੇ ਦੀ ਮੈਲ ਧੋਂਦਾ ਹੈ ॥੪॥੨॥
22221	493	ਗੂਜਰੀ ਮਹਲਾ ੪॥		Goojaree Mehalaa 4 ||	Goojaree, Fourth Mehl:	
22222	493	ਹਰਿ ਜਨ ਊਤਮ ਊਤਮ ਬਾਣੀ ਮੁਖਿ ਬੋਲਹਿ ਪਰਉਪਕਾਰੇ॥		Har Jan Ootham Ootham Baanee Mukh Bolehi Paroupakaarae ||	The humble servants of the Lord are exalted, and exalted is their speech. With their mouths, they speak for the benefit of others.	ਪਰਮਾਤਮਾ ਦੇ ਸੰਤ ਜਨ ਉੱਚੇ ਜੀਵਨ ਵਾਲੇ ਹੁੰਦੇ ਹਨ; ਉਹਨਾਂ ਦੇ ਬਚਨ ਸ੍ਰੇਸ਼ਟ ਹੁੰਦੇ ਹਨ, ਇਹ ਸ੍ਰੇਸ਼ਟ ਬਚਨ ਉਹ ਆਪਣੇ ਮੂੰਹੋਂ ਲੋਕਾਂ ਦੀ ਭਲਾਈ ਵਾਸਤੇ ਬੋਲਦੇ ਹਨ।
22223	493	ਜੋ ਜਨੁ ਸੁਣੈ ਸਰਧਾ ਭਗਤਿ ਸੇਤੀ ਕਰਿ ਕਿਰਪਾ ਹਰਿ ਨਿਸਤਾਰੇ॥੧॥		Jo Jan Sunai Saradhhaa Bhagath Saethee Kar Kirapaa Har Nisathaarae ||1||	Those who listen to them with faith and devotion, are blessed by the Lord; showering His Mercy, He saves them. ||1||	ਜੇਹੜਾ ਮਨੁੱਖ ਸੰਤ ਜਨਾਂ ਦੇ ਉੱਤਮ ਬਚਨ ਸਰਧਾ ਨਾਲ ਸੁਣਦਾ ਹੈ ਪਿਆਰ ਨਾਲ ਸੁਣਦਾ ਹੈ, ਪਰਮਾਤਮਾ ਕਿਰਪਾ ਕਰ ਕੇ ਉਸ ਨੂੰ (ਭਵ-ਸਾਗਰ ਤੋਂ) ਪਾਰ ਲੰਘਾ ਦੇਂਦਾ ਹੈ ॥੧॥
22224	493	ਰਾਮ ਮੋਕਉ ਹਰਿ ਜਨ ਮੇਲਿ ਪਿਆਰੇ॥		Raam Mo Ko Har Jan Mael Piaarae ||	Lord, please, let me meet the beloved servants of the Lord.	ਹੇ ਪਿਆਰੇ ਰਾਮ! ਮੈਨੂੰ ਆਪਣੇ ਸੰਤ ਜਨ ਮਿਲਾ।

22225	493	ਮੇਰੇ ਪ੍ਰੀਤਮ ਪ੍ਰਾਨ ਸਤਿਗੁਰੁ ਗੁਰੁ ਪੂਰਾ ਹਮ ਪਾਪੀ ਗੁਰਿ ਨਿਸਤਾਰੇ॥੧॥ਰਹਾਉ ॥		Maerae Preetham Praan Sathigur Gur Pooraa Ham Paapee Gur Nisathaarae ||1|| Rehaao ||	The True Guru, the Perfect Guru, is my Beloved, my very breath of life; the Guru has saved me, the sinner. ||1||Pause||	ਪੂਰਾ ਸਤਿਗੁਰੂ ਮੈਨੂੰ ਜਿੰਦ-ਜਾਨ ਵਰਗਾ ਪਿਆਰਾ ਹੈ। ਮੈਨੂੰ ਪਾਪੀ ਨੂੰ ਗੁਰੂ ਨੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲਿਆ ਹੈ ॥੧॥ ਰਹਾਉ ॥
22226	493	ਗੁਰਮੁਖਿ ਵਡਭਾਗੀ ਵਡਭਾਗੇ ਜਿਨ ਹਰਿ ਹਰਿ ਨਾਮੁ ਅਧਾਰੇ॥		Guramukh Vaddabhaagee Vaddabhaagae Jin Har Har Naam Adhhaarae ||	The Gurmukhs are fortunate, so very fortunate; their Support is the Name of the Lord, Har, Har.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਵੱਡੇ ਭਾਗਾਂ ਵਾਲੇ ਬਣ ਜਾਂਦੇ ਹਨ ਕਿਉਂਕਿ ਪਰਮਾਤਮਾ ਦਾ ਨਾਮ ਉਹਨਾਂ (ਦੀ ਜ਼ਿੰਦਗੀ) ਦਾ ਆਸਰਾ ਬਣ ਜਾਂਦਾ ਹੈ,
22227	493	ਹਰਿ ਹਰਿ ਅੰਮ੍ਰਿਤੁ ਹਰਿ ਰਸੁ ਪਾਵਹਿ ਗੁਰਮਤਿ ਭਗਤਿ ਭੰਡਾਰੇ॥੨॥		Har Har Anmrith Har Ras Paavehi Guramath Bhagath Bhanddaarae ||2||	They obtain the Ambrosial Nectar of the Name of the Lord, Har, Har; through the Guru's Teachings, they obtain this treasure-house of devotional worship. ||2||	ਉਹ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਰਸ ਪ੍ਰਾਪਤ ਕਰ ਲੈਂਦਾ ਹਨ, ਗੁਰੂ ਦੀ ਮਤਿ ਉਤੇ ਤੁਰਿਆਂ (ਉਹਨਾਂ ਦੇ ਅੰਦਰ) ਪ੍ਰਭੂ-ਭਗਤੀ ਦੇ ਖ਼ਜ਼ਾਨੇ ਭਰ ਜਾਂਦੇ ਹਨ ॥੨॥

22228	493	ਜਿਨ ਦਰਸਨੁ ਸਤਿਗੁਰ ਸਤ ਪੁਰਖ ਨ ਪਾਇਆ ਤੇ ਭਾਗਹੀਣ ਜਮਿ ਮਾਰੇ॥		Jin Dharasan Sathigur Sath Purakh N Paaeiaa Thae Bhaageheen Jam Maarae ||	Those who do not obtain the Blessed Vision of the Darshan of the True Guru, the True Primal Being, are most unfortunate; they are destroyed by the Messenger of Death.	ਪਰ ਜਿਨ੍ਹਾਂ ਮਨੁੱਖਾਂ ਨੇ ਮਹਾ ਪੁਰਖ ਸਤਿਗੁਰੂ ਦਾ ਦਰਸ਼ਨ ਨਹੀਂ ਕੀਤਾ ਉਹ ਆਪਣੀ ਕਿਸਮਤ ਹਾਰ ਬੈਠਦੇ ਹਨ, ਆਤਮਕ ਮੌਤ ਨੇ ਉਹਨਾਂ ਨੂੰ ਮਾਰ ਲਿਆ ਹੁੰਦਾ ਹੈ।
22229	493	ਸੇ ਕੂਕਰ ਸੂਕਰ ਗਰਧਭ ਪਵਹਿ ਗਰਭ ਜੋਨੀ ਦਯਿ ਮਾਰੇ ਮਹਾ ਹਤਿਆਰੇ॥੩॥	(ਕੂਕਰ) ਕੁੱਤਾ। (ਸੂਕਰ) ਸੂਰ। (ਗਰਧਭ) ਗਧਾ। ਦ-ਯਿ: ਦ ਮੁਕਤਾ-ਯਿ ਸਿਹਾਰੀ ਸਹਿਤ, ਤਾਲੂ ਤੋਂ ਬੋਲੋ	Sae Kookar Sookar Garadhhabh Pavehi Garabh Jonee Dhay Maarae Mehaa Hathiaarae ||3||	They are like dogs, pigs and jackasses; they are cast into the womb of reincarnation, and the Lord strikes them down as the worst of murderers. ||3||	ਉਹ ਮਨੁੱਖ ਕੁੱਤੇ, ਸੂਅਰ, ਖੋਤੇ ਆਦਿਕ ਦੀਆਂ ਜੂਨਾਂ ਵਿਚ ਪੈਂਦੇ ਰਹਿੰਦੇ ਹਨ, ਉਹਨਾਂ ਨਿਰਦਈ ਮਨੁੱਖਾਂ ਨੂੰ ਪਰਮਾਤਮਾ ਨੇ ਆਤਮਕ ਮੌਤੇ ਮਾਰ ਦਿੱਤਾ ਹੁੰਦਾ ਹੈ ॥੩॥
22230	493	ਦੀਨ ਦਇਆਲ ਹੋਹੁ ਜਨ ਊਪਰਿ ਕਰਿ ਕਿਰਪਾ ਲੇਹੁ ਉਬਾਰੇ॥	(ਉਬਾਰੇ) ਬਚਾ ਲਵੋ ਜੀ	Dheen Dhaeiaal Hohu Jan Oopar Kar Kirapaa Laehu Oubaarae ||	O Lord, Kind to the poor, please shower Your mercy upon Your humble servant, and save him.	ਹੇ ਨਾਨਕ! (ਆਖ-) ਹੇ ਦੀਨਾਂ ਉੱਤੇ ਦਇਆ ਕਰਨ ਵਾਲੇ ਪ੍ਰਭੂ! ਆਪਣੇ ਦਾਸ ਉੱਤੇ ਮੇਹਰ ਕਰ, ਤੇ, ਦਾਸ ਨੂੰ (ਸੰਸਾਰ-ਸਮੁੰਦਰ ਤੋਂ) ਬਚਾ ਲੈ।

22231	493	ਨਾਨਕ ਜਨ ਹਰਿ ਕੀ ਸਰਣਾਈ ਹਰਿ ਭਾਵੈ ਹਰਿ ਨਿਸਤਾਰੇ॥੪॥੩॥		Naanak Jan Har Kee Saranaaee Har Bhaavai Har Nisathaarae ||4||3||	Servant Nanak has entered the Lord's Sanctuary; if it pleases You, Lord, please save him. ||4||3||	ਪਰਮਾਤਮਾ ਦੇ ਸੇਵਕ ਪਰਮਾਤਮਾ ਦੀ ਸਰਨ ਪਏ ਰਹਿੰਦੇ ਹਨ, ਜਦੋਂ ਪਰਮਾਤਮਾ ਨੂੰ ਚੰਗਾ ਲੱਗਦਾ ਹੈ ਉਹ ਉਹਨਾਂ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੪॥੩॥
22232	493	ਗੂਜਰੀ ਮਹਲਾ ੪॥		Goojaree Mehalaa 4 ||	Goojaree, Fourth Mehl:	
22233	493	ਹੋਹੁ ਦਇਆਲ ਮੇਰਾ ਮਨੁ ਲਾਵਹੁ ਹਉ ਅਨ ਦਿਨੁ ਰਾਮ ਨਾਮੁ ਨਿਤ ਧਿਆਈ॥		Hohu Dhaeiaal Maeraa Man Laavahu Ho Anadhin Raam Naam Nith Dhhiaaee ||	Be Merciful and attune my mind, so that I might meditate continually on the Lord's Name, night and day.	ਹੇ ਪ੍ਰਭੂ! ਮੇਰੇ ਉੱਤੇ ਦਇਆਵਾਨ ਹੋਹੁ, ਮੇਰਾ ਮਨ (ਆਪਣੇ ਚਰਨਾਂ ਵਿਚ) ਜੋੜੀ ਰੱਖ, ਮੈਂ ਹਰ ਵੇਲੇ ਸਦਾ ਤੇਰਾ ਨਾਮ ਸਿਮਰਦਾ ਹਰਾਂ।
22234	493	ਸਭਿ ਸੁਖ ਸਭਿ ਗੁਣ ਸਭਿ ਨਿਧਾਨ ਹਰਿ ਜਿਤੁ ਜਪਿਐ ਦੁਖ ਭੁਖ ਸਭ ਲਹਿ ਜਾਈ॥੧॥		Sabh Sukh Sabh Gun Sabh Nidhhaan Har Jith Japiai Dhukh Bhukh Sabh Lehi Jaaee ||1||	The Lord is all peace, all virtue and all wealth; remembering Him, all misery and hunger depart. ||1||	ਹੇ ਮੇਰੇ ਮਨ! ਸਾਰੇ ਸੁਖ ਸਾਰੇ ਖ਼ਜ਼ਾਨੇ ਉਸ ਪਰਮਾਤਮਾ ਦੇ ਹੀ ਪਾਸ ਹਨ, ਜਿਸ ਦਾ ਨਾਮ ਜਪਿਆਂ ਸਾਰੇ ਦੁੱਖ (ਦੂਰ ਹੋ ਜਾਂਦੇ ਹਨ), (ਮਾਇਆ ਦੀ) ਸਾਰੀ ਭੁੱਖ ਲਹਿ ਜਾਂਦੀ ਹੈ ॥੧॥

22235	493	ਮਨ ਮੇਰੇ ਮੇਰਾ ਰਾਮ ਨਾਮੁ ਸਖਾ ਹਰਿ ਭਾਈ॥		Man Maerae Maeraa Raam Naam Sakhaa Har Bhaaee ||	O my mind, the Lord's Name is my companion and brother.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਮੇਰਾ ਮਿੱਤਰ ਹੈ ਮੇਰਾ ਭਰਾ ਹੈ।
22236	493	ਗੁਰਮਤਿ ਰਾਮ ਨਾਮੁ ਜਸੁ ਗਾਵਾ ਅੰਤਿ ਬੇਲੀ ਦਰਗਹ ਲਏ ਛਡਾਈ॥੧॥ਰਹਾਉ॥		Guramath Raam Naam Jas Gaavaa Anth Baelee Dharageh Leae Shhaddaaee ||1|| Rehaao ||	Under Guru's Instruction, I sing the Praises of the Lord's Name; it shall be my help and support in the end, and it shall deliver me in the Court of the Lord. ||1||Pause||	ਮੈਂ ਗੁਰੂ ਦੀ ਸਿੱਖਿਆ ਦੀ ਬਰਕਤਿ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਹਾਂ। ਆਖ਼ਰ ਵੇਲੇ ਪਰਮਾਤਮਾ ਦਾ ਨਾਮ ਹੀ ਮਦਦਗਾਰ ਬਣਦਾ ਹੈ, ਪ੍ਰਭੂ ਦੀ ਹਜ਼ੂਰੀ ਵਿਚ ਨਾਮ ਹੀ ਸੁਰਖ਼ਰੂ ਕਰਾਂਦਾ ਹੈ ॥੧॥ ਰਹਾਉ ॥
22237	493	ਤੂੰ ਆਪੇ ਦਾਤਾ ਪ੍ਰਭੁ ਅੰਤਰਜਾਮੀ ਕਰਿ ਕਿਰਪਾ ਲੋਚ ਮੇਰੈ ਮਨਿ ਲਾਈ॥	(ਲੋਚ) ਇੱਛਾ	Thoon Aapae Dhaathaa Prabh Antharajaamee Kar Kirapaa Loch Maerai Man Laaee ||	You Yourself are the Giver, O God, Inner-knower, Searcher of hearts; by Your Grace, You have infused longing for You in my mind.	ਹੇ ਹਰੀ! ਤੂੰ ਆਪ ਹੀ ਸਭ ਦਾਤਾਂ ਦੇਣ ਵਾਲਾ ਹੈਂ, ਤੂੰ ਆਪ ਹੀ (ਸਭਨਾਂ ਦਾ) ਮਾਲਕ ਹੈਂ, ਤੂੰ ਸਭ ਦੇ ਦਿਲ ਦੀ ਜਾਣਨ ਵਾਲਾ ਹੈਂ। ਤੂੰ ਆਪ ਹੀ ਮੇਹਰ ਕਰ ਕੇ ਮੇਰੇ ਮਨ ਵਿਚ ਆਪਣੀ ਭਗਤੀ ਦੀ ਤਾਂਘ ਪੈਦਾ ਕੀਤੀ ਹੋਈ ਹੈ।
22238	493	ਮੈ ਮਨਿ ਤਨਿ ਲੋਚ ਲਗੀ ਹਰਿ ਸੇਤੀ ਪ੍ਰਭਿ ਲੋਚ ਪੂਰੀ ਸਤਿਗੁਰ ਸਰਣਾਈ॥੨॥		Mai Man Than Loch Lagee Har Saethee Prabh Loch Pooree Sathigur Saranaaee ||2||	My mind and body long for the Lord; God has fulfilled my longing. I have entered the Sanctuary of the True Guru. ||2||	ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਪਰਮਾਤਮਾ ਦੇ ਨਾਲ ਮਿਲਾਪ ਦੀ ਤਾਂਘ ਪੈਦਾ ਹੋਈ ਹੋਈ ਹੈ। ਪਰਮਾਤਮਾ ਨੇ ਮੈਨੂੰ ਸਤਿਗੁਰੂ ਦੀ ਸਰਨ ਪਾ ਕੇ ਮੇਰੀ ਤਾਂਘ ਪੂਰੀ ਕਰ ਦਿੱਤੀ ਹੈ ॥੨॥

22239	493	ਮਾਣਸ ਜਨਮੁ ਪੁੰਨਿ ਕਰਿ ਪਾਇਆ ਬਿਨੁ ਨਾਵੈ ਧ੍ਰਿਗੁ ਧ੍ਰਿਗੁ ਬਿਰਥਾ ਜਾਈ॥		Maanas Janam Punn Kar Paaeiaa Bin Naavai Dhhrig Dhhrig Birathhaa Jaaee ||	Human birth is obtained through good actions; without the Name, it is cursed, totally cursed, and it passes away in vain.	ਮਨੁੱਖਾ ਜਨਮ ਬੜੀ ਕਿਸਮਤ ਨਾਲ ਮਿਲਦਾ ਹੈ, ਪਰ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਫਿਟਕਾਰ-ਜੋਗ ਹੋ ਜਾਂਦਾ ਹੈ; ਨਾਮ ਤੋਂ ਬਿਨਾ ਵਿਅਰਥ ਚਲਾ ਜਾਂਦਾ ਹੈ।
22240	493	ਨਾਮ ਬਿਨਾ ਰਸ ਕਸ ਦੁਖੁ ਖਾਵੈ ਮੁਖੁ ਫੀਕਾ ਥੁਕ ਥੂਕ ਮੁਖਿ ਪਾਈ॥੩॥		Naam Binaa Ras Kas Dhukh Khaavai Mukh Feekaa Thhuk Thhook Mukh Paaee ||3||	Without the Naam, the Name of the Lord, one obtains only suffering for his delicacies to eat. His mouth is insipid, and his face is spat upon, again and again. ||3||	ਮਨੁੱਖ ਪ੍ਰਭੂ ਦਾ ਨਾਮ ਭੁਲਾ ਕੇ ਦੁਨੀਆ ਦੇ ਅਨੇਕਾਂ ਕਿਸਮ ਦੇ ਪਦਾਰਥ ਖਾਂਦਾ ਰਹਿੰਦਾ ਹੈ, ਦੁੱਖ ਹੀ ਸਹੇੜਦਾ ਹੈ, ਮੂੰਹੋਂ ਫਿੱਕੇ ਬੋਲ ਬੋਲਦਾ ਰਹਿੰਦਾ ਹੈ, ਲੁਕਾਈ ਉਸ ਨੂੰ ਫਿਟਕਾਰਾਂ ਹੀ ਪਾਂਦੀ ਹੈ ॥੩॥
22241	493	ਜੋ ਜਨ ਹਰਿ ਪ੍ਰਭ ਹਰਿ ਹਰਿ ਸਰਣਾ ਤਿਨ ਦਰਗਹ ਹਰਿ ਹਰਿ ਦੇ ਵਡਿਆਈ॥		Jo Jan Har Prabh Har Har Saranaa Thin Dharageh Har Har Dhae Vaddiaaee ||	Those humble beings, who have entered the Sanctuary of the Lord God, Har, Har, are blessed with glory in the Court of the Lord, Har, Har.	ਜੇਹੜੇ ਮਨੁੱਖ ਪਰਮਾਤਮਾ ਦੀ ਸਰਨ ਪਏ ਰਹਿੰਦੇ ਹਨ, ਉਹਨਾਂ ਨੂੰ ਪਰਮਾਤਮਾ ਆਪਣੀ ਹਜ਼ੂਰੀ ਵਿਚ ਆਦਰ-ਮਾਣ ਦੇਂਦਾ ਹੈ।

22242	493	ਧੰਨੁ ਧੰਨੁ ਸਾਬਾਸਿ ਕਹੈ ਪ੍ਰਭੁ ਜਨ ਕਉ ਜਨ ਨਾਨਕ ਮੇਲਿ ਲਏ ਗਲਿ ਲਾਈ॥੪॥੪॥	ਗਲ਼ਿ	Dhhann Dhhann Saabaas Kehai Prabh Jan Ko Jan Naanak Mael Leae Gal Laaee ||4||4||	Blessed, blessed and congratulations, says God to His humble servant. O servant Nanak, He embraces him, and blends him with Himself. ||4||4||	ਹੇ ਨਾਨਕ! ਪਰਮਾਤਮਾ ਆਪਣੇ ਸੇਵਕ ਨੂੰ 'ਧੰਨ ਧੰਨ' ਆਖਦਾ ਹੈ, 'ਸਾਬਾਸ਼' ਆਖਦਾ ਹੈ, ਆਪਣੇ ਸੇਵਕ ਨੂੰ ਆਪਣੇ ਗਲ ਨਾਲ ਲਾ ਕੇ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ॥੪॥੪॥
22243	493	ਗੂਜਰੀ ਮਹਲਾ ੪॥		Goojaree Mehalaa 4 ||	Goojaree, Fourth Mehl:	
22244	493	ਗੁਰਮੁਖਿ ਸਖੀ ਸਹੇਲੀ ਮੇਰੀ ਮੋਕਉ ਦੇਵਹੁ ਦਾਨੁ ਹਰਿ ਪ੍ਰਾਨ ਜੀਵਾਇਆ॥		Guramukh Sakhee Sehaelee Maeree Mo Ko Dhaevahu Dhaan Har Praan Jeevaaeiaa ||	O Gurmukhs O my friends and companions give me the gift of the Lord's Name, the life of my very life.	ਹੇ ਗੁਰੂ ਦੇ ਸਨਮੁਖ ਰਹਿਣ ਵਾਲੇ ਸਿੱਖੋ! ਹੇ ਮੇਰੀ ਸਖੀ ਸਹੇਲੀਹੋ! ਮੈਨੂੰ ਆਤਮਕ ਜੀਵਨ ਦੇਣ ਵਾਲੇ ਹਰਿ-ਨਾਮ ਦੀ ਦਾਤਿ ਦਿਉ।
22245	493	ਹਮ ਹੋਵਹ ਲਾਲੇ ਗੋਲੇ ਗੁਰਸਿਖਾ ਕੇ ਜਿਨ੍ਹਾ ਅਨ ਦਿਨੁ ਹਰਿ ਪ੍ਰਭੁ ਪੁਰਖੁ ਧਿਆਇਆ॥੧॥	ਗੁਰਸਿੱਖਾਂ	Ham Hoveh Laalae Golae Gurasikhaa Kae Jinhaa Anadhin Har Prabh Purakh Dhhiaaeiaa ||1||	I am the slave, the servant of the Guru's Sikhs, who meditate on the Lord God, the Primal Being, night and day. ||1||	ਮੈਂ ਉਹਨਾਂ ਗੁਰਸਿੱਖਾਂ ਦਾ ਦਾਸ ਹਾਂ, ਗ਼ੁਲਾਮ ਹਾਂ, ਜੇਹੜੇ ਹਰ ਵੇਲੇ ਸਰਬ-ਵਿਆਪਕ ਪਰਮਾਤਮਾ ਨੂੰ ਸਿਮਰਦੇ ਰਹਿੰਦੇ ਹਨ ॥੧॥

22246	493	ਮੇਰੈ ਮਨਿ ਤਨਿ ਬਿਰਹੁ ਗੁਰ ਸਿਖ ਪਗ ਲਾਇਆ॥	(ਬਿਰਹੁ) ਪ੍ਰੇਮ। ਪਗ:ਪੋਲਾ ਬੋਲੋ	Maerai Man Than Birahu Gurasikh Pag Laaeiaa ||	Within my mind and body, I have enshrined love for the feet of the Guru's Sikhs.	(ਮੇਰੇ ਚੰਗੇ ਭਾਗਾਂ ਨੂੰ ਪਰਮਾਤਮਾ ਨੇ) ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਗੁਰਸਿੱਖਾਂ ਦੇ ਚਰਨਾਂ ਦਾ ਪ੍ਰੇਮ ਪੈਦਾ ਕਰ ਦਿੱਤਾ ਹੈ।
22247	493	ਮੇਰੇ ਪ੍ਰਾਨ ਸਖਾ ਗੁਰ ਕੇ ਸਿਖ ਭਾਈ ਮੋਕਉ ਕਰਹੁ ਉਪਦੇਸੁ ਹਰਿ ਮਿਲੈ ਮਿਲਾਇਆ॥੧॥ਰਹਾਉ॥		Maerae Praan Sakhaa Gur Kae Sikh Bhaaee Mo Ko Karahu Oupadhaes Har Milai Milaaeiaa ||1|| Rehaao ||	O my life-mates, O Sikhs of the Guru, O Siblings of Destiny, instruct me in the Teachings, that I might merge in the Lord's Merger. ||1||Pause||	ਹੇ ਮੇਰੀ ਜਿੰਦ ਦੇ ਸਾਥੀ ਗੁਰ-ਸਿੱਖੋ! ਹੇ ਭਰਾਵੋ! ਤੁਸੀ ਮੈਨੂੰ ਇਹੋ ਜਿਹਾ ਉਪਦੇਸ਼ ਕਰੋ, (ਜਿਸ ਦੀ ਬਰਕਤਿ ਨਾਲ) ਤੁਹਾਡਾ ਮਿਲਾਇਆ ਪਰਮਾਤਮਾ ਮੈਨੂੰ ਮਿਲ ਪਏ ॥੧॥ ਰਹਾਉ ॥
22248	494	ਜਾ ਹਰਿ ਪ੍ਰਭ ਭਾਵੈ ਤਾ ਗੁਰਮੁਖਿ ਮੇਲੇ ਜਿਨ੍ ਵਚਨ ਗੁਰੂ ਸਤਿਗੁਰ ਮਨਿ ਭਾਇਆ॥		Jaa Har Prabh Bhaavai Thaa Guramukh Maelae Jinh Vachan Guroo Sathigur Man Bhaaeiaa ||	When it pleases the Lord God, he causes us to meet the Gurmukhs; the Hymns of the Guru, the True Guru, are very sweet to their minds.	ਹੇ ਭਰਾਵੋ! ਜਦੋਂ ਪਰਮਾਤਮਾ ਨੂੰ ਚੰਗਾ ਲੱਗਦਾ ਹੈ ਤਦੋਂ ਉਹਨਾਂ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਦਾ ਮਿਲਾਪ ਕਰਾਂਦਾ ਹੈ ਜਿਨ੍ਹਾਂ ਨੂੰ ਗੁਰੂ ਦੇ ਬਚਨ ਆਪਣੇ ਮਨ ਵਿਚ ਪਿਆਰੇ ਲੱਗਦੇ ਹਨ।

22249	494	ਵਡਭਾਗੀ ਗੁਰ ਕੇ ਸਿਖ ਪਿਆਰੇ ਹਰਿ ਨਿਰਬਾਣੀ ਨਿਰਬਾਣ ਪਦੁ ਪਾਇਆ॥੨॥		Vaddabhaagee Gur Kae Sikh Piaarae Har Nirabaanee Nirabaan Padh Paaeiaa ||2||	Very fortunate are the beloved Sikhs of the Guru; through the Lord, they attain the supreme state of Nirvaanaa. ||2||	ਗੁਰੂ ਦੇ ਉਹ ਪਿਆਰੇ ਸਿੱਖ ਵੱਡੇ ਭਾਗਾਂ ਵਾਲੇ ਹਨ ਜੇਹੜੇ ਨਿਰਲੇਪ ਪਰਮਾਤਮਾ ਨੂੰ ਮਿਲ ਕੇ ਵਾਸ਼ਨਾ-ਰਹਿਤ ਆਤਮਕ ਦਰਜਾ ਹਾਸਲ ਕਰ ਲੈਂਦੇ ਹਨ ॥੨॥
22250	494	ਸਤਸੰਗਤਿ ਗੁਰ ਕੀ ਹਰਿ ਪਿਆਰੀ ਜਿਨ ਹਰਿ ਹਰਿ ਨਾਮੁ ਮੀਠਾ ਮਨਿ ਭਾਇਆ॥		Sathasangath Gur Kee Har Piaaree Jin Har Har Naam Meethaa Man Bhaaeiaa ||	The Sat Sangat, the True Congregation of the Guru, is loved by the Lord. The Naam, the Name of the Lord, Har, Har, is sweet and pleasing to their minds.	ਹੇ ਭਰਾਵੋ! ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਦਾ ਮਿੱਠਾ ਨਾਮ ਆਪਣੇ ਮਨ ਵਿਚ ਪਿਆਰਾ ਲੱਗਦਾ ਹੈ ਉਹਨਾਂ ਨੂੰ ਸਤਿਗੁਰੂ ਦੀ ਸਾਧ ਸੰਗਤਿ ਭੀ ਪਿਆਰੀ ਲੱਗਦੀ ਹੈ।
22251	494	ਜਿਨ ਸਤਿਗੁਰ ਸੰਗਤਿ ਸੰਗੁ ਨ ਪਾਇਆ ਸੇ ਭਾਗਹੀਣ ਪਾਪੀ ਜਮਿ ਖਾਇਆ॥੩॥		Jin Sathigur Sangath Sang N Paaeiaa Sae Bhaageheen Paapee Jam Khaaeiaa ||3||	One who does not obtain the Association of the True Guru, is a most unfortunate sinner; he is consumed by the Messenger of Death. ||3||	ਪਰ ਜਿਨ੍ਹਾਂ ਮਨੁੱਖਾਂ ਨੂੰ ਸਤਿਗੁਰੂ ਦੀ ਸੰਗਤਿ ਦਾ ਸਾਥ ਪਸੰਦ ਨਹੀਂ ਆਉਂਦਾ, ਉਹ ਬਦ-ਕਿਸਮਤ ਰਹਿ ਜਾਂਦੇ ਹਨ, ਉਹਨਾਂ ਪਾਪੀਆਂ ਨੂੰ ਆਤਮਕ ਮੌਤ ਨੇ ਸਮੂਲਚਾ ਖਾ ਲਿਆ ਹੁੰਦਾ ਹੈ ॥੩॥

22252	494	ਆਪਿ ਕ੍ਰਿਪਾਲੁ ਕ੍ਰਿਪਾ ਪ੍ਰਭੁ ਧਾਰੇ ਹਰਿ ਆਪੇ ਗੁਰਮੁਖਿ ਮਿਲੈ ਮਿਲਾਇਆ॥		Aap Kirapaal Kirapaa Prabh Dhhaarae Har Aapae Guramukh Milai Milaaeiaa ||	If God, the Kind Master, Himself shows His kindness, then the Lord causes the Gurmukh to merge into Himself.	ਹੇ ਭਰਾਵੋ! ਜਦੋਂ ਦਇਆਵਾਨ ਪਰਮਾਤਮਾ ਆਪ ਕਿਸੇ ਮਨੁੱਖ ਉਤੇ ਦਇਆ ਕਰਦਾ ਹੈ, ਤਦੋਂ ਉਹ ਆਪ ਹੀ ਉਸ ਮਨੁੱਖ ਨੂੰ ਗੁਰੂ ਦੀ ਰਾਹੀਂ ਮਿਲਾਇਆ ਹੋਇਆ ਮਿਲ ਪੈਂਦਾ ਹੈ।
22253	494	ਜਨੁ ਨਾਨਕੁ ਬੋਲੇ ਗੁਣ ਬਾਣੀ ਗੁਰਬਾਣੀ ਹਰਿ ਨਾਮਿ ਸਮਾਇਆ॥੪॥੫॥		Jan Naanak Bolae Gun Baanee Gurabaanee Har Naam Samaaeiaa ||4||5||	Servant Nanak chants the Glorious Words of the Guru's Bani; through them, one is absorbed into the Naam, the Name of the Lord. ||4||5||	ਦਾਸ ਨਾਨਕ ਭੀ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਾਲੀ ਬਾਣੀ ਗੁਰਬਾਣੀ ਹੀ (ਨਿੱਤ) ਉਚਾਰਦਾ ਹੈ। ਗੁਰਬਾਣੀ ਦੀ ਬਰਕਤਿ ਨਾਲ ਮਨੁੱਖ ਪਰਮਾਤਮਾ ਦੇ ਨਾਮ ਵਿਚ ਲੀਨ ਹੋ ਜਾਂਦਾ ਹੈ ॥੪॥੫॥
22254	494	ਗੂਜਰੀ ਮਹਲਾ ੪॥		Goojaree Mehalaa 4 ||	Goojaree, Fourth Mehl:	
22255	494	ਜਿਨ ਸਤਿਗੁਰੁ ਪੁਰਖੁ ਜਿਨਿ ਹਰਿ ਪ੍ਰਭੁ ਪਾਇਆ ਮੋਕਉ ਕਰਿ ਉਪਦੇਸੁ ਹਰਿ ਮੀਠ ਲਗਾਵੈ॥		Jin Sathigur Purakh Jin Har Prabh Paaeiaa Mo Ko Kar Oupadhaes Har Meeth Lagaavai ||	One who has found the Lord God through the True Guru, has made the Lord seem so sweet to me, through the His Teachings.	(ਹੇ ਭਰਾ! ਮੇਰਾ ਜੀ ਕਰਦਾ ਹੈ ਮੈਨੂੰ ਉਹ ਸੱਜਣ ਮਿਲ ਪੈਣ) ਜਿਨ੍ਹਾਂ ਨੇ ਗੁਰੂ ਮਹਾ ਪੁਰਖ ਦਾ ਦਰਸਨ ਕਰ ਲਿਆ ਹੈ। (ਮੇਰਾ ਮਨ ਲੋਚਦਾ ਹੈ ਕਿ) ਜਿਸ ਸੱਜਣ ਨੇ ਪਰਮਾਤਮਾ ਦੀ ਪ੍ਰਾਪਤੀ ਕਰ ਲਈ ਹੈ ਉਹ ਮੈਨੂੰ ਭੀ ਸਿੱਖਿਆ ਦੇ ਕੇ ਪਰਮਾਤਮਾ ਨਾਲ ਮੇਰਾ ਪਿਆਰ ਬਣਾ ਦੇਵੇ।

22256	494	ਮਨੁ ਤਨੁ ਸੀਤਲੁ ਸਭ ਹਰਿਆ ਹੋਆ ਵਡਭਾਗੀ ਹਰਿ ਨਾਮੁ ਧਿਆਵੈ॥੧॥		Man Than Seethal Sabh Hariaa Hoaa Vaddabhaagee Har Naam Dhhiaavai ||1||	My mind and body have been cooled and soothed, and totally rejuvenated; by great good fortune, I meditate on the Name of the Lord. ||1||	ਜੇਹੜਾ ਭਾਗਾਂ ਵਾਲਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ, ਉਸ ਦਾ ਮਨ ਉਸ ਦਾ ਹਿਰਦਾ ਠੰਢਾ-ਠਾਰ ਹੋ ਜਾਂਦਾ ਹੈ, ਉਹ ਆਤਮਕ ਜੀਵਨ ਨਾਲ ਸਰਸ਼ਾਰ (ਭਰਪੂਰ) ਹੋ ਜਾਂਦਾ ਹੈ ॥੧॥
22257	494	ਭਾਈ ਰੇ ਮੋਕਉ ਕੋਈ ਆਇ ਮਿਲੈ ਹਰਿ ਨਾਮੁ ਦ੍ਰਿੜਾਵੈ॥		Bhaaee Rae Mo Ko Koee Aae Milai Har Naam Dhrirraavai ||	O Siblings of Destiny, let anyone who can implant the Lord's Name within me, come and meet with me.	ਹੇ ਭਰਾ! (ਮੇਰਾ ਮਨ ਲੋਚਦਾ ਹੈ ਕਿ) ਮੈਨੂੰ ਕੋਈ (ਅਜੇਹਾ ਸੱਜਣ) ਆ ਕੇ ਮਿਲੇ ਜੇਹੜਾ ਮੇਰੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਪੱਕਾ ਕਰ ਦੇਵੇ।
22258	494	ਮੇਰੇ ਪ੍ਰੀਤਮ ਪ੍ਰਾਨ ਮਨੁ ਤਨੁ ਸਭੁ ਦੇਵਾ ਮੇਰੇ ਹਰਿ ਪ੍ਰਭ ਕੀ ਹਰਿ ਕਥਾ ਸੁਨਾਵੈ॥੧॥ਰਹਾਉ॥		Maerae Preetham Praan Man Than Sabh Dhaevaa Maerae Har Prabh Kee Har Kathhaa Sunaavai ||1|| Rehaao ||	Unto my Beloved, I give my mind and body, and my very breath of life. He speaks to me of the sermon of my Lord God. ||1||Pause||	ਜੇਹੜਾ ਮੈਨੂੰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਗੱਲ ਸੁਣਾਂਦਾ ਰਹੇ, ਮੈਂ ਉਸ ਸੱਜਣ ਨੂੰ ਆਪਣੀ ਜਿੰਦ ਆਪਣਾ ਮਨ ਆਪਣਾ ਤਨ ਸਭ ਕੁਝ ਦੇ ਦਿਆਂਗਾ ॥੧॥ ਰਹਾਉ ॥

22259	494	ਧੀਰਜੁ ਧਰਮੁ ਗੁਰਮਤਿ ਹਰਿ ਪਾਇਆ ਨਿਤ ਹਰਿ ਨਾਮੈ ਹਰਿ ਸਿਉ ਚਿਤੁ ਲਾਵੈ॥		Dhheeraj Dhharam Guramath Har Paaeiaa Nith Har Naamai Har Sio Chith Laavai ||	Through the Guru's Teachings, I have obtained courage, faith and the Lord. He keeps my mind focused continually on the Lord, and the Name of the Lord.	ਜੇਹੜਾ ਮਨੁੱਖ ਸਦਾ ਹਰਿ-ਨਾਮ ਵਿਚ ਲੀਨ ਰਹਿੰਦਾ ਹੈ ਪਰਮਾਤਮਾ ਨਾਲ ਚਿੱਤ ਜੋੜੀ ਰੱਖਦਾ ਹੈ, ਉਹ ਧੀਰਜ ਹਾਸਲ ਕਰ ਲੈਂਦਾ ਹੈ, ਉਹ ਧਰਮ ਕਮਾਣ ਲੱਗ ਪੈਂਦਾ ਹੈ, ਉਹ ਗੁਰੂ ਦੀ ਮਤਿ ਉਤੇ ਤੁਰ ਕੇ ਪਰਮਾਤਮਾ ਨੂੰ ਮਿਲ ਪੈਂਦਾ ਹੈ।
22260	494	ਅੰਮ੍ਰਿਤ ਬਚਨ ਸਤਿਗੁਰ ਕੀ ਬਾਣੀ ਜੋ ਬੋਲੈ ਸੋ ਮੁਖਿ ਅੰਮ੍ਰਿਤੁ ਪਾਵੈ॥੨॥		Anmrith Bachan Sathigur Kee Baanee Jo Bolai So Mukh Anmrith Paavai ||2||	The Words of the True Guru's Teachings are Ambrosial Nectar; this Amrit trickles into the mouth of the one who chants them. ||2||	ਸਤਿਗੁਰੂ ਦੀ ਬਾਣੀ ਆਤਮਕ ਜੀਵਨ ਦੇਣ ਵਾਲੇ ਬਚਨ ਹਨ, ਜੇਹੜਾ ਮਨੁੱਖ ਇਹ ਬਾਣੀ ਉਚਾਰਦਾ ਹੈ, ਉਹ ਮਨੁੱਖ ਆਪਣੇ ਮੂੰਹ ਵਿਚ ਆਤਮਕ ਜੀਵਨ ਦੇਣ ਵਾਲਾ ਜਲ ਪਾਂਦਾ ਹੈ ॥੨॥
22261	494	ਨਿਰਮਲੁ ਨਾਮੁ ਜਿਤੁ ਮੈਲੁ ਨ ਲਾਗੈ ਗੁਰਮਤਿ ਨਾਮੁ ਜਪੈ ਲਿਵ ਲਾਵੈ॥		Niramal Naam Jith Mail N Laagai Guramath Naam Japai Liv Laavai ||	Immaculate is the Naam, which cannot be stained by filth. Through the Guru's Teachings, chant the Naam with love.	ਹੇ ਭਰਾ! ਪਰਮਾਤਮਾ ਦਾ ਨਾਮ ਪਵਿੱਤ੍ਰ ਕਰਨ ਵਾਲਾ ਹੈ, ਇਸ ਨਾਮ ਵਿਚ ਜੁੜਿਆਂ (ਮਨ ਨੂੰ ਵਿਕਾਰਾਂ ਦੀ) ਮੈਲ ਨਹੀਂ ਲੱਗਦੀ। ਜੇਹੜਾ ਮਨੁੱਖ ਗੁਰੂ ਦੀ ਸਿੱਖਿਆ ਉਤੇ ਤੁਰ ਕੇ ਹਰਿ-ਨਾਮ ਜਪਦਾ ਹੈ ਉਹ ਪ੍ਰਭੂ-ਚਰਨਾਂ ਵਿਚ ਪ੍ਰੀਤਿ ਪਾ ਲੈਂਦਾ ਹੈ।

22262	494	ਨਾਮੁ ਪਦਾਰਥੁ ਜਿਨ ਨਰ ਨਹੀ ਪਾਇਆ ਸੇ ਭਾਗਹੀਣ ਮੁਏ ਮਰਿ ਜਾਵੈ॥੩॥		Naam Padhaarathh Jin Nar Nehee Paaeiaa Sae Bhaageheen Mueae Mar Jaavai ||3||	That man who has not found the wealth of the Naam is most unfortunate; he dies over and over again. ||3||	ਪਰਮਾਤਮਾ ਦਾ ਨਾਮ ਕੀਮਤੀ ਸ਼ੈ ਹੈ, ਜਿਨ੍ਹਾਂ ਮਨੁੱਖਾਂ ਨੇ ਇਹ ਨਾਮ ਹਾਸਲ ਨਹੀਂ ਕੀਤਾ, ਉਹ ਮੰਦ-ਭਾਗੀ ਹਨ, ਉਹ ਆਤਮਕ ਮੌਤ ਸਹੇੜ ਲੈਂਦੇ ਹਨ। (ਜੇਹੜਾ ਭੀ ਮਨੁੱਖ ਨਾਮ ਤੋਂ ਵਾਂਜਿਆ ਰਹਿੰਦਾ ਹੈ ਉਹ) ਆਤਮਕ ਮੌਤੇ ਮਰ ਜਾਂਦਾ ਹੈ ॥੩॥
22263	494	ਆਨਦ ਮੂਲੁ ਜਗਜੀਵਨ ਦਾਤਾ ਸਭ ਜਨ ਕਉ ਅਨਦੁ ਕਰਹੁ ਹਰਿ ਧਿਆਵੈ॥	(ਆਨਦ) ਅਨੰਦ (ਮੂਲੁ) ਮੁੱਢ ਤੋਂ। ਜੱਗਜੀਵਨ	Aanadh Mool Jagajeevan Dhaathaa Sabh Jan Ko Anadh Karahu Har Dhhiaavai ||	The source of bliss, the Life of the world, the Great Giver brings bliss to all who meditate on the Lord.	ਹੇ ਜਗਤ ਦੇ ਜੀਵਨ ਪ੍ਰਭੂ! ਤੂੰ ਆਨੰਦ ਦਾ ਸੋਮਾ ਹੈਂ, ਤੂੰ ਸਭ ਦਾਤਾਂ ਦੇਣ ਵਾਲਾ ਹੈਂ, ਤੂੰ ਸਭ ਸੇਵਕਾਂ ਨੂੰ (ਆਤਮਕ) ਆਨੰਦ ਦੇਂਦਾ ਹੈਂ। (ਜੇਹੜਾ ਭੀ ਮਨੁੱਖ ਤੇਰਾ) ਨਾਮ ਸਿਮਰਦਾ ਹੈ (ਉਸ ਨੂੰ ਤੂੰ ਆਨੰਦ ਦੀ ਦਾਤਿ ਦੇਂਦਾ ਹੈਂ।)
22264	494	ਤੂੰ ਦਾਤਾ ਜੀਅ ਸਭਿ ਤੇਰੇ ਜਨ ਨਾਨਕ ਗੁਰਮੁਖਿ ਬਖਸਿ ਮਿਲਾਵੈ॥੪॥੬॥		Thoon Dhaathaa Jeea Sabh Thaerae Jan Naanak Guramukh Bakhas Milaavai ||4||6||	You are the Great Giver, all beings belong to You. O servant Nanak, You forgive the Gurmukhs, and merge them into Yourself. ||4||6||	ਹੇ ਪ੍ਰਭੂ! ਸਾਰੇ ਜੀਵ ਤੇਰੇ ਪੈਦਾ ਕੀਤੇ ਹੋਏ ਹਨ, ਤੂੰ ਸਭਨਾਂ ਨੂੰ ਦਾਤਾਂ ਦੇਂਦਾ ਹੈਂ। ਹੇ ਨਾਨਕ! ਪਰਮਾਤਮਾ ਗੁਰੂ ਦੀ ਸਰਨ ਪਾ ਕੇ (ਵਡ-ਭਾਗੀ ਮਨੁੱਖ ਨੂੰ) ਆਪਣੀ ਮੇਹਰ ਨਾਲ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ॥੪॥੬॥
22265	494	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

22266	494	ਗੂਜਰੀ ਮਹਲਾ ੪ ਘਰੁ ੩॥		Goojaree Mehalaa 4 Ghar 3 ||	Goojaree, Fourth Mehl, Third House:	ਰਾਗ ਗੂਜਰੀ, ਘਰ ੩ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
22267	494	ਮਾਈ ਬਾਪ ਪੁਤ੍ਰ ਸਭਿ ਹਰਿ ਕੇ ਕੀਏ॥		Maaee Baap Puthr Sabh Har Kae Keeeae ||	Mother, father and sons are all made by the Lord;	ਮਾਂ, ਪਿਉ, ਪੁੱਤਰ-ਇਹ ਸਾਰੇ ਪਰਮਾਤਮਾ ਦੇ ਬਣਾਏ ਹੋਏ ਹਨ।
22268	494	ਸਭਨਾ ਕਉ ਸਨਬੰਧੁ ਹਰਿ ਕਰਿ ਦੀਏ॥੧॥		Sabhanaa Ko Sanabandhh Har Kar Dheeeae ||1||	The relationships of all are established by the Lord. ||1||	ਇਹਨਾਂ ਸਭਨਾਂ ਵਾਸਤੇ ਆਪੋ ਵਿਚ ਦਾ ਰਿਸ਼ਤਾ ਪਰਮਾਤਮਾ ਨੇ ਆਪ ਹੀ ਬਣਾਇਆ ਹੋਇਆ ਹੈ (ਸੋ, ਇਹ ਸਹੀ ਜੀਵਨ-ਰਾਹ ਵਿਚ ਰੁਕਾਵਟ ਨਹੀਂ ਹਨ) ॥੧॥
22269	494	ਹਮਰਾ ਜੋਰੁ ਸਭੁ ਰਹਿਓ ਮੇਰੇ ਬੀਰ॥		Hamaraa Jor Sabh Rehiou Maerae Beer ||	I have given up all my strength, O my brother.	ਹੇ ਮੇਰੇ ਵੀਰ! (ਪਰਮਾਤਮਾ ਦੇ ਟਾਕਰੇ ਤੇ) ਸਾਡਾ ਕੋਈ ਜ਼ੋਰ ਚੱਲ ਨਹੀਂ ਸਕਦਾ।
22270	494	ਹਰਿ ਕਾ ਤਨੁ ਮਨੁ ਸਭੁ ਹਰਿ ਕੈ ਵਸਿ ਹੈ ਸਰੀਰ॥੧॥ਰਹਾਉ॥	ਵੱਸਿ	Har Kaa Than Man Sabh Har Kai Vas Hai Sareer ||1|| Rehaao ||	The mind and body belong to the Lord, and the human body is entirely under His control. ||1||Pause||	ਸਾਡਾ ਇਹ ਸਰੀਰ ਸਾਡਾ ਇਹ ਮਨ ਸਭ ਕੁਝ ਪਰਮਾਤਮਾ ਦਾ ਬਣਾਇਆ ਹੋਇਆ ਹੈ, ਸਾਡਾ ਸਰੀਰ ਪਰਮਾਤਮਾ ਦੇ ਵੱਸ ਵਿਚ ਹੈ ॥੧॥ ਰਹਾਉ ॥
22271	494	ਭਗਤ ਜਨਾ ਕਉ ਸਰਧਾ ਆਪਿ ਹਰਿ ਲਾਈ॥		Bhagath Janaa Ko Saradhhaa Aap Har Laaee ||	The Lord Himself infuses devotion into His humble devotees.	ਪਰਮਾਤਮਾ ਆਪ ਹੀ ਆਪਣੇ ਭਗਤਾਂ ਨੂੰ ਆਪਣੇ ਚਰਨਾਂ ਦੀ ਪ੍ਰੀਤਿ ਬਖ਼ਸ਼ਦਾ ਹੈ,

22272	494	ਵਿਚੇ ਗ੍ਰਿਸਤ ਉਦਾਸ ਰਹਾਈ॥੨॥	ਵਿੱਚੇ	Vichae Grisath Oudhaas Rehaaee ||2||	In the midst of family life, they remain unattached. ||2||	ਉਹਨਾਂ ਭਗਤ ਜਨਾਂ ਨੂੰ ਗ੍ਰਿਹਸਤ ਵਿਚ ਹੀ (ਮਾਂ ਪਿਉ ਪੁੱਤਰ ਇਸਤ੍ਰੀ ਆਦਿਕ ਸਨਬੰਧੀਆਂ ਦੇ ਵਿਚ ਹੀ ਰਹਿੰਦਿਆਂ ਨੂੰ ਹੀ) ਮਾਇਆ ਵਿਚ ਨਿਰਲੇਪ ਰੱਖਦਾ ਹੈ ॥੨॥
22273	494	ਜਬ ਅੰਤਰਿ ਪ੍ਰੀਤਿ ਹਰਿ ਸਿਉ ਬਨਿ ਆਈ ॥		Jab Anthar Preeth Har Sio Ban Aaee ||	When inner love is established with the Lord,	ਜਦੋਂ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਨਾਲ ਪਿਆਰ ਬਣ ਜਾਂਦਾ ਹੈ,
22274	494	ਤਬ ਜੋ ਕਿਛੁ ਕਰੇ ਸੁ ਮੇਰੇ ਹਰਿ ਪ੍ਰਭ ਭਾਈ॥੩॥		Thab Jo Kishh Karae S Maerae Har Prabh Bhaaee ||3||	Then whatever one does, is pleasing to my Lord God. ||3||	ਤਦੋਂ ਮਨੁੱਖ ਜੋ ਕੁਝ ਕਰਦਾ ਹੈ (ਰਜ਼ਾ ਵਿਚ ਹੀ ਕਰਦਾ ਹੈ, ਤੇ) ਉਹ ਮੇਰੇ ਪਰਮਾਤਮਾ ਨੂੰ ਚੰਗਾ ਲੱਗਦਾ ਹੈ ॥੩॥
22275	494	ਜਿਤੁ ਕਾਰੈ ਕੰਮਿ ਹਮ ਹਰਿ ਲਾਏ॥		Jith Kaarai Kanm Ham Har Laaeae ||	I do those deeds and tasks which the Lord has set me to;	ਜਿਸ ਕਾਰ ਵਿਚ ਜਿਸ ਕੰਮ ਵਿਚ, ਪਰਮਾਤਮਾ ਸਾਨੂੰ ਲਾਂਦਾ ਹੈ,
22276	494	ਸੋ ਹਮ ਕਰਹ ਜੁ ਆਪਿ ਕਰਾਏ॥੪॥		So Ham Kareh J Aap Karaaeae ||4||	I do that which He makes me to do. ||4||	ਜੇਹੜਾ ਕੰਮ-ਕਾਰ ਪਰਮਾਤਮਾ ਸਾਥੋਂ ਕਰਾਂਦਾ ਹੈ, ਅਸੀਂ ਉਹੀ ਕੰਮ-ਕਾਰ ਕਰਦੇ ਹਾਂ ॥੪॥
22277	494	ਜਿਨ ਕੀ ਭਗਤਿ ਮੇਰੇ ਪ੍ਰਭ ਭਾਈ॥		Jin Kee Bhagath Maerae Prabh Bhaaee ||	Those whose devotional worship is pleasing to my God	(ਹੇ ਭਾਈ!) ਜਿਨ੍ਹਾਂ ਮਨੁੱਖਾਂ ਦੀ ਭਗਤੀ ਪਰਮਾਤਮਾ ਨੂੰ ਪਸੰਦ ਆਉਂਦੀ ਹੈ,

22278	494	ਤੇ ਜਨ ਨਾਨਕ ਰਾਮ ਨਾਮ ਲਿਵ ਲਾਈ॥੫॥੧॥੭॥੧੬॥		Thae Jan Naanak Raam Naam Liv Laaee ||5||1||7||16||	- O Nanak, those humble beings center their minds lovingly on the Lord's Name. ||5||1||7||16||	ਹੇ ਨਾਨਕ! (ਆਖ-) ਉਹ ਮਨੁੱਖ ਪਰਮਾਤਮਾ ਦੇ ਨਾਮ ਨਾਲ ਪਿਆਰ ਪਾ ਲੈਂਦੇ ਹਨ ॥੫॥੧॥੭॥੧੬॥
22279	495	ਗੂਜਰੀ ਮਹਲਾ ੫ ਚਉਪਦੇ ਘਰੁ ੧		Goojaree Mehalaa 5 Choupadhae Ghar 1	Goojaree, Fifth Mehl, Chau-Padas, First House:	ਰਾਗ ਗੂਜਰੀ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
22280	495	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22281	495	ਕਾਹੇ ਰੇ ਮਨ ਚਿਤਵਹਿ ਉਦਮੁ ਜਾ ਆਹਰਿ ਹਰਿ ਜੀਉ ਪਰਿਆ॥	(ਚਿਤਵ-ਹਿ) ਸੋਚਣਾ	Kaahae Rae Man Chithavehi Oudham Jaa Aahar Har Jeeo Pariaa ||	Why, O mind, do you contrive your schemes, when the Dear Lord Himself provides for your care?	ਹੇ ਮੇਰੇ ਮਨ! ਤੂੰ (ਉਸ ਰਿਜ਼ਕ ਦੀ ਖ਼ਾਤਰ) ਕਿਉਂ ਸੋਚਾਂ ਸੋਚਦਾ ਰਹਿੰਦਾ ਹੈਂ ਜੇਹੜਾ (ਰਿਜ਼ਕ ਅਪੜਾਣ ਦੇ) ਆਹਰ ਵਿਚ ਪਰਮਾਤਮਾ ਆਪ ਲੱਗਾ ਪਿਆ ਹੈ।
22282	495	ਸੈਲ ਪਥਰ ਮਹਿ ਜੰਤ ਉਪਾਏ ਤਾ ਕਾ ਰਿਜਕੁ ਆਗੈ ਕਰਿ ਧਰਿਆ॥੧॥	(ਸੈਲ) ਪਹਾੜ	Sail Pathhar Mehi Janth Oupaaeae Thaa Kaa Rijak Aagai Kar Dhhariaa ||1||	From rocks and stones, He created the living beings, and He places before them their sustenance. ||1||	(ਵੇਖ,) ਪਹਾੜਾਂ ਦੇ ਪੱਥਰਾਂ ਵਿਚ (ਪਰਮਾਤਮਾ ਨੇ) ਜੀਵ ਪੈਦਾ ਕੀਤੇ ਹੋਏ ਹਨ ਉਹਨਾਂ ਦਾ ਰਿਜ਼ਕ ਉਸ ਨੇ ਪਹਿਲਾਂ ਹੀ ਤਿਆਰ ਕਰ ਕੇ ਰੱਖ ਦਿੱਤਾ ਹੁੰਦਾ ਹੈ ॥੧॥

22283	495	ਮੇਰੇ ਮਾਧਉ ਜੀ ਸਤਸੰਗਤਿ ਮਿਲੇ ਸਿ ਤਰਿਆ॥		Maerae Maadhho Jee Sathasangath Milae S Thariaa ||	O my Dear Lord of Souls, one who meets with the Sat Sangat, the True Congregation, is saved.	ਹੇ ਮੇਰੇ ਪ੍ਰਭੂ ਜੀ! ਜੇਹੜੇ ਮਨੁੱਖ ਤੇਰੀ ਸਾਧ ਸੰਗਤਿ ਵਿਚ ਮਿਲਦੇ ਹਨ ਉਹ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ।
22284	495	ਗੁਰ ਪਰਸਾਦਿ ਪਰਮਪਦੁ ਪਾਇਆ ਸੂਕੇ ਕਾਸਟ ਹਰਿਆ॥੧॥ਰਹਾਉ ॥		Gur Parasaadh Param Padh Paaeiaa Sookae Kaasatt Hariaa ||1|| Rehaao ||	By Guru's Grace, he obtains the supreme status, and the dry branch blossoms forth in greenery. ||1||Pause||	ਗੁਰੂ ਦੀ ਕਿਰਪਾ ਨਾਲ ਉਹ ਮਨੁੱਖ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦੇ ਹਨ, ਉਹ ਇਉਂ ਹਰੇ (ਆਤਮਕ ਜੀਵਨ ਵਾਲੇ) ਹੋ ਜਾਂਦੇ ਹਨ ਜਿਵੇਂ ਕੋਈ ਸੁੱਕੇ ਰੁੱਖ ਹਰੇ ਹੋ ਜਾਣ ॥੧॥ ਰਹਾਉ ॥
22285	495	ਜਨਨਿ ਪਿਤਾ ਲੋਕ ਸੁਤ ਬਨਿਤਾ ਕੋਇ ਨ ਕਿਸ ਕੀ ਧਰਿਆ॥		Janan Pithaa Lok Suth Banithaa Koe N Kis Kee Dhhariaa ||	Mother, father, friends, children, and spouse - no one is the support of any other.	ਹੇ ਮਨ! ਮਾਂ, ਪਿਉ, ਹੋਰ ਲੋਕ, ਪੁੱਤਰ, ਇਸਤ੍ਰੀ-ਇਹਨਾਂ ਵਿਚੋਂ ਕੋਈ ਭੀ ਕਿਸੇ ਦਾ ਆਸਰਾ ਨਹੀਂ ਹੈ।
22286	495	ਸਿਰਿ ਸਿਰਿ ਰਿਜਕੁ ਸੰਬਾਹੇ ਠਾਕੁਰੁ ਕਾਹੇ ਮਨ ਭਉ ਕਰਿਆ॥੨॥		Sir Sir Rijak Sanbaahae Thaakur Kaahae Man Bho Kariaa ||2||	For each and every individual, the Lord and Master provides sustenance; why do you fear, O my mind? ||2||	ਪਰਮਾਤਮਾ ਆਪ ਹਰੇਕ ਜੀਵ ਵਾਸਤੇ ਰਿਜ਼ਕ ਅਪੜਾਂਦਾ ਹੈ। ਹੇ ਮਨ! ਤੂੰ (ਰਿਜ਼ਕ ਵਾਸਤੇ) ਕਿਉਂ ਸਹਮ ਕਰਦਾ ਹੈਂ? ॥੨॥

22287	495	ਊਡੈ ਊਡਿ ਆਵੈ ਸੈ ਕੋਸਾ ਤਿਸੁ ਪਾਛੈ ਬਚਰੇ ਛਰਿਆ॥		Ooddai Oodd Aavai Sai Kosaa This Paashhai Bacharae Shhariaa ||	The flamingoes fly hundreds of miles, leaving their young ones behind.	(ਹੇ ਮਨ! ਵੇਖ, ਕੂੰਜ) ਉੱਡਦੀ ਹੈ, ਤੇ ਉੱਡ ਕੇ (ਆਪਣੇ ਆਲ੍ਹਣੇ ਤੋਂ) ਸੈਂਕੜੇ ਕੋਹ (ਦੂਰ) ਆ ਜਾਂਦੀ ਹੈ, ਉਸ ਦੇ ਬੱਚੇ ਉਸ ਦੇ ਪਿੱਛੇ ਇਕੱਲੇ ਪਏ ਰਹਿੰਦੇ ਹਨ।
22288	495	ਉਨ ਕਵਨੁ ਖਲਾਵੈ ਕਵਨੁ ਚੁਗਾਵੈ ਮਨ ਮਹਿ ਸਿਮਰਨੁ ਕਰਿਆ॥੩॥		Oun Kavan Khalaavai Kavan Chugaavai Man Mehi Simaran Kariaa ||3||	Who feeds them, and who teaches them to feed themselves? Have you ever thought of this in your mind? ||3||	(ਦੱਸ,) ਉਹਨਾਂ ਬੱਚਿਆਂ ਨੂੰ ਕੌਣ (ਚੋਗਾ) ਖਵਾਂਦਾ ਹੈ? ਕੌਣ ਚੋਗਾ ਚੁਗਾਂਦਾ ਹੈ? (ਕੂੰਜ) ਆਪਣੇ ਮਨ ਵਿਚ ਉਹਨਾਂ ਨੂੰ ਯਾਦ ਕਰਦੀ ਰਹਿੰਦੀ ਹੈ (ਪਰਮਾਤਮਾ ਦੀ ਕੁਦਰਤਿ! ਇਸ ਯਾਦ ਨਾਲ ਹੀ ਉਹ ਬੱਚੇ ਪਲਦੇ ਰਹਿੰਦੇ ਹਨ) ॥੩॥
22289	495	ਸਭ ਨਿਧਾਨ ਦਸ ਅਸਟ ਸਿਧਾਨ ਠਾਕੁਰ ਕਰ ਤਲ ਧਰਿਆ॥		Sabh Nidhhaan Dhas Asatt Sidhhaan Thaakur Kar Thal Dhhariaa ||	All treasures and the eighteen supernatural spiritual powers of the Siddhas are held by the Lord and Master in the palm of His hand.	(ਹੇ ਮਨ! ਦੁਨੀਆ ਦੇ) ਸਾਰੇ ਖ਼ਜ਼ਾਨੇ, ਅਠਾਰਾਂ ਸਿੱਧੀਆਂ (ਕਰਾਮਾਤੀ ਤਾਕਤਾਂ)-ਇਹ ਸਭ ਪਰਮਾਤਮਾ ਦੇ ਹੱਥਾਂ ਦੀਆਂ ਤਲੀਆਂ ਉਤੇ ਟਿਕੇ ਰਹਿੰਦੇ ਹਨ।

22290	495	ਜਨ ਨਾਨਕ ਬਲਿ ਬਲਿ ਸਦ ਬਲਿ ਜਾਈਐ ਤੇਰਾ ਅੰਤੁ ਨ ਪਾਰਾਵਰਿਆ॥੪॥੧॥		Jan Naanak Bal Bal Sadh Bal Jaaeeai Thaeraa Anth N Paaraavariaa ||4||1||	Servant Nanak is devoted, dedicated, and forever a sacrifice to You - Your vast expanse has no limit. ||4||1||	ਹੇ ਨਾਨਕ! ਉਸ ਪਰਮਾਤਮਾ ਤੋਂ ਸਦਕੇ ਸਦਾ ਕੁਰਬਾਨ ਹੁੰਦੇ ਰਹਿਣਾ ਚਾਹੀਦਾ ਹੈ (ਤੇ ਅਰਦਾਸ ਕਰਦੇ ਰਹਿਣਾ ਚਾਹੀਦਾ ਹੈ ਕਿ ਹੇ ਪ੍ਰਭੂ!) ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਤੇਰਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ ॥੪॥੧॥
22291	495	ਗੂਜਰੀ ਮਹਲਾ ੫ ਚਉਪਦੇ ਘਰੁ ੨		Goojaree Mehalaa 5 Choupadhae Ghar 2	Goojaree, Fifth Mehl, Chau-Padas, Second House:	ਰਾਗ ਗੂਜਰੀ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
22292	495	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22293	495	ਕਿਰਿਆਚਾਰ ਕਰਹਿ ਖਟੁ ਕਰਮਾ ਇਤੁ ਰਾਤੇ ਸੰਸਾਰੀ॥	(ਕਿਰਿਆਚਾਰ) ਕਰਮ ਕਾਂਡ। ਖਟੁ:ਪੋਲਾ ਬੋਲੋ	Kiriaachaar Karehi Khatt Karamaa Eith Raathae Sansaaree ||	They perform the four rituals and six religious rites; the world is engrossed in these.	ਦੁਨੀਆਦਾਰ ਮਨੁੱਖ ਕਰਮ-ਕਾਂਡ ਕਰਦੇ ਹਨ, (ਇਸ਼ਨਾਨ, ਸੰਧਿਆ ਆਦਿਕ) ਛੇ (ਪ੍ਰਸਿੱਧ ਮਿਥੇ ਹੋਏ ਧਾਰਮਿਕ) ਕਰਮ ਕਮਾਂਦੇ ਹਨ, ਇਹਨਾਂ ਕੰਮਾਂ ਵਿਚ ਹੀ ਇਹ ਲੋਕ ਪਰਚੇ ਰਹਿੰਦੇ ਹਨ।

22294	495	ਅੰਤਰਿ ਮੈਲੁ ਨ ਉਤਰੈ ਹਉਮੈ ਬਿਨੁ ਗੁਰ ਬਾਜੀ ਹਾਰੀ॥੧॥		Anthar Mail N Outharai Houmai Bin Gur Baajee Haaree ||1||	They are not cleansed of the filth of their ego within; without the Guru, they lose the game of life. ||1||	ਪਰ ਇਹਨਾਂ ਦੇ ਮਨ ਵਿਚ ਟਿਕੀ ਹੋਈ ਹਉਮੈ ਦੀ ਮੈਲ (ਇਹਨਾਂ ਕੰਮਾਂ ਨਾਲ) ਨਹੀਂ ਉਤਰਦੀ। ਗੁਰੂ ਦੀ ਸਰਨ ਪੈਣ ਤੋਂ ਬਿਨਾ ਉਹ ਮਨੁੱਖਾ ਜਨਮ ਦੀ ਬਾਜ਼ੀ ਹਾਰ ਜਾਂਦੇ ਹਨ ॥੧॥
22295	495	ਮੇਰੇ ਠਾਕੁਰ ਰਖਿ ਲੇਵਹੁ ਕਿਰਪਾ ਧਾਰੀ॥		Maerae Thaakur Rakh Laevahu Kirapaa Dhhaaree ||	O my Lord and Master, please, grant Your Grace and preserve me.	ਹੇ ਮੇਰੇ ਮਾਲਕ-ਪ੍ਰਭੂ! ਕਿਰਪਾ ਕਰ ਕੇ ਮੈਨੂੰ (ਦੁਰਮਤਿ ਤੋਂ) ਬਚਾਈ ਰੱਖ।
22296	495	ਕੋਟਿ ਮਧੇ ਕੋ ਵਿਰਲਾ ਸੇਵਕੁ ਹੋਰਿ ਸਗਲੇ ਬਿਉਹਾਰੀ॥੧॥ਰਹਾਉ॥	(ਮਧੇ) ਵਿੱਚ, (ਬਿਉਹਾਰੀ) ਸੰਸਾਰੀ ਵਿਹਾਰਾਂ ਵਾਲੇ	Kott Madhhae Ko Viralaa Saevak Hor Sagalae Biouhaaree ||1|| Rehaao ||	Out of millions, hardly anyone is a servant of the Lord. All the others are mere traders. ||1||Pause||	(ਮੈਂ ਵੇਖਦਾ ਹਾਂ ਕਿ) ਕ੍ਰੋੜਾਂ ਮਨੁੱਖਾਂ ਵਿਚੋਂ ਕੋਈ ਵਿਰਲਾ ਮਨੁੱਖ (ਤੇਰਾ ਸੱਚਾ) ਭਗਤ ਹੈ (ਦੁਰਮਤਿ ਦੇ ਕਾਰਨ) ਹੋਰ ਸਾਰੇ ਮਤਲਬੀ ਹੀ ਹਨ (ਆਪਣੇ ਮਤਲਬ ਦੀ ਖ਼ਾਤਰ ਵੇਖਣ ਨੂੰ ਹੀ ਧਾਰਮਿਕ ਕੰਮ ਕਰ ਰਹੇ ਹਨ) ॥੧॥ ਰਹਾਉ ॥
22297	495	ਸਾਸਤ ਬੇਦ ਸਿਮ੍ਰਿਤਿ ਸਭਿ ਸੋਧੇ ਸਭ ਏਕਾ ਬਾਤ ਪੁਕਾਰੀ॥	ਸਿਮ੍ਰਿਤਿ	Saasath Baedh Simrith Sabh Sodhhae Sabh Eaekaa Baath Pukaaree ||	I have searched all the Shaastras, the Vedas and the Simritees, and they all affirm one thing:	ਸਾਰੇ ਸ਼ਾਸਤ੍ਰ, ਸਾਰੇ ਵੇਦ, ਸਾਰੀਆਂ ਸਿਮ੍ਰਿਤੀਆਂ ਇਹ ਸਾਰੇ ਅਸਾਂ ਪੜਤਾਲ ਕਰ ਕੇ ਵੇਖ ਲਏ ਹਨ, ਇਹ ਸਾਰੇ ਭੀ ਇਹੀ ਇਕੋ ਗੱਲ ਪੁਕਾਰ ਪੁਕਾਰ ਕੇ ਕਹਿ ਰਹੇ ਹਨ,

22298	495	ਬਿਨੁ ਗੁਰ ਮੁਕਤਿ ਨ ਕੋਊ ਪਾਵੈ ਮਨਿ ਵੇਖਹੁ ਕਰਿ ਬੀਚਾਰੀ॥੨॥		Bin Gur Mukath N Kooo Paavai Man Vaekhahu Kar Beechaaree ||2||	Without the Guru, no one obtains liberation; see, and reflect upon this in your mind. ||2||	ਕਿ ਗੁਰੂ ਦੀ ਸਰਨ ਆਉਣ ਤੋਂ ਬਿਨਾ ਕੋਈ ਮਨੁੱਖ (ਮਾਇਆ ਦੇ ਮੋਹ ਆਦਿਕ ਤੋਂ) ਖ਼ਲਾਸੀ ਨਹੀਂ ਪਾ ਸਕਦਾ। ਤੁਸੀ ਭੀ ਬੇ-ਸ਼ੱਕ ਮਨ ਵਿਚ ਵਿਚਾਰ ਕਰ ਕੇ ਵੇਖ ਲਵੋ (ਇਹੀ ਗੱਲ ਠੀਕ ਹੈ) ॥੨॥
22299	495	ਅਠਸਠਿ ਮਜਨੁ ਕਰਿ ਇਸਨਾਨਾ ਭ੍ਰਮਿ ਆਏ ਧਰ ਸਾਰੀ॥	(ਧਰ) ਧਰਤੀ, ਮੱਜਨੁ	Athasath Majan Kar Eisanaanaa Bhram Aaeae Dhhar Saaree ||	Even if one takes cleansing baths at the sixty-eight sacred shrines of pilgrimage, and wanders over the whole planet,	ਲੋਕ ਅਠਾਹਠ ਤੀਰਥਾਂ ਦੇ ਇਸ਼ਨਾਨ ਕਰ ਕੇ, ਤੇ, ਸਾਰੀ ਧਰਤੀ ਤੇ ਭੌਂ ਕੇ ਆ ਜਾਂਦੇ ਹਨ,
22300	495	ਅਨਿਕ ਸੋਚ ਕਰਹਿ ਦਿਨ ਰਾਤੀ ਬਿਨੁ ਸਤਿਗੁਰ ਅੰਧਿਆਰੀ॥੩॥		Anik Soch Karehi Dhin Raathee Bin Sathigur Andhhiaaree ||3||	And performs all the rituals of purification day and night, still, without the True Guru, there is only darkness. ||3||	ਦਿਨ ਰਾਤ ਹੋਰ ਭੀ ਅਨੇਕਾਂ ਸਰੀਰਕ ਪਵਿਤ੍ਰਤਾ ਦੇ ਸਾਧਨ ਕਰਦੇ ਹਨ। ਪਰ, ਗੁਰੂ ਤੋਂ ਬਿਨਾ ਉਹਨਾਂ ਦੇ ਅੰਦਰ ਮਾਇਆ ਦੇ ਮੋਹ ਦਾ ਹਨੇਰਾ ਟਿਕਿਆ ਰਹਿੰਦਾ ਹੈ ॥੩॥
22301	495	ਧਾਵਤ ਧਾਵਤ ਸਭੁ ਜਗੁ ਧਾਇਓ ਅਬ ਆਏ ਹਰਿ ਦੁਆਰੀ॥		Dhhaavath Dhhaavath Sabh Jag Dhhaaeiou Ab Aaeae Har Dhuaaree ||	Roaming and wandering around, I have travelled over the whole world, and now, I have arrived at the Lord's Door.	ਹੇ ਨਾਨਕ! (ਆਖ-) ਭੌਂ ਭੌਂ ਕੇ ਸਾਰੇ ਜਗਤ ਵਿਚ ਭੌਂ ਕੇ ਜੇਹੜੇ ਮਨੁੱਖ ਆਖ਼ਰ ਪਰਮਾਤਮਾ ਦੇ ਦਰ ਤੇ ਆ ਡਿੱਗਦੇ ਹਨ,

22302	495	ਦੁਰਮਤਿ ਮੇਟਿ ਬੁਧਿ ਪਰਗਾਸੀ ਜਨ ਨਾਨਕ ਗੁਰਮੁਖਿ ਤਾਰੀ॥੪॥੧॥੨॥	ਦੁਰ-ਮੱਤਿ	Dhuramath Maett Budhh Paragaasee Jan Naanak Guramukh Thaaree ||4||1||2||	The Lord has eliminated my evil-mindedness, and enlightened my intellect; O servant Nanak, the Gurmukhs are saved. ||4||1||2||	ਪਰਮਾਤਮਾ ਉਹਨਾਂ ਦੇ ਅੰਦਰੋਂ ਦੁਰਮਤਿ ਮਿਟਾ ਕੇ ਉਹਨਾਂ ਦੇ ਮਨ ਵਿਚ ਸੁਚੱਜੀ ਅਕਲ ਦਾ ਪਰਕਾਸ਼ ਕਰ ਦੇਂਦਾ ਹੈ, ਗੁਰੂ ਦੀ ਸਰਨ ਪਾ ਕੇ ਉਹਨਾਂ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦੇਂਦਾ ਹੈ ॥੪॥੧॥੨॥
22303	495	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	
22304	495	ਹਰਿ ਧਨੁ ਜਾਪ ਹਰਿ ਧਨੁ ਤਾਪ ਹਰਿ ਧਨੁ ਭੋਜਨੁ ਭਾਇਆ॥		Har Dhhan Jaap Har Dhhan Thaap Har Dhhan Bhojan Bhaaeiaa ||	The wealth of the Lord is my chanting, the wealth of the Lord is my deep meditation; the wealth of the Lord is the food I enjoy.	ਹੇ ਮਾਂ! ਪਰਮਾਤਮਾ ਦਾ ਨਾਮ-ਧਨ ਹੀ (ਮੇਰੇ ਵਾਸਤੇ ਦੇਵ-ਪੂਜਾ ਲਈ ਖ਼ਾਸ ਮੰਤ੍ਰਾਂ ਦਾ) ਜਾਪ ਹੈ, ਹਰਿ-ਨਾਮ ਧਨ ਹੀ (ਮੇਰੇ ਵਾਸਤੇ) ਧੂਣੀਆਂ ਦਾ ਤਪਾਣਾ ਹੈ; ਪਰਮਾਤਮਾ ਦਾ ਨਾਮ-ਧਨ ਹੀ (ਮੇਰੇ ਆਤਮਕ ਜੀਵਨ ਲਈ) ਖ਼ੁਰਾਕ ਹੈ, ਤੇ, ਇਹ ਖ਼ੁਰਾਕ ਮੈਨੂੰ ਚੰਗੀ ਲੱਗੀ ਹੈ।
22305	495	ਨਿਮਖ ਨ ਬਿਸਰਉ ਮਨ ਤੇ ਹਰਿ ਹਰਿ ਸਾਧਸੰਗਤਿ ਮਹਿ ਪਾਇਆ॥੧॥		Nimakh N Bisaro Man Thae Har Har Saadhhasangath Mehi Paaeiaa ||1||	I do not forget the Lord, Har, Har, from my mind, even for an instant; I have found Him in the Saadh Sangat, the Company of the Holy. ||1||	ਹੇ ਮਾਂ! ਅੱਖ ਝਮਕਣ ਜਿਤਨੇ ਸਮੇ ਲਈ ਭੀ ਮੈਂ ਆਪਣੇ ਮਨ ਤੋਂ ਨਹੀਂ ਭੁਲਾਂਦਾ, ਮੈਂ ਇਹ ਧਨ ਸਾਧ ਸੰਗਤਿ ਵਿਚ (ਰਹਿ ਕੇ) ਲੱਭਾ ਹੈ ॥੧॥

22306	495	ਮਾਈ ਖਾਟਿ ਆਇਓ ਘਰਿ ਪੂਤਾ॥	ਪੂੱਤਾ	Maaee Khaatt Aaeiou Ghar Poothaa ||	O mother, your son has returned home with a profit:	ਹੇ ਮਾਂ! (ਕਿਸੇ ਮਾਂ ਦਾ ਉਹ) ਪੁੱਤਰ ਖੱਟ ਕੇ ਘਰ ਆਇਆ ਸਮਝ,
22307	495	ਹਰਿ ਧਨੁ ਚਲਤੇ ਹਰਿ ਧਨੁ ਬੈਸੇ ਹਰਿ ਧਨੁ ਜਾਗਤ ਸੂਤਾ॥੧॥ਰਹਾਉ॥	ਸੂੱਤਾ	Har Dhhan Chalathae Har Dhhan Baisae Har Dhhan Jaagath Soothaa ||1|| Rehaao ||	The wealth of the Lord while walking, the wealth of the Lord while sitting, and the wealth of the Lord while waking and sleeping. ||1||Pause||	ਜੇਹੜਾ ਤੁਰਦਿਆਂ ਬੈਠਿਆਂ ਜਾਗਦਿਆਂ ਸੁੱਤਿਆਂ ਹਰ ਵੇਲੇ ਹਰਿ-ਨਾਮ-ਧਨ ਦਾ ਹੀ ਵਪਾਰ ਕਰਦਾ ਹੈ ॥੧॥ ਰਹਾਉ ॥
22308	495	ਹਰਿ ਧਨੁ ਇਸਨਾਨੁ ਹਰਿ ਧਨੁ ਗਿਆਨੁ ਹਰਿ ਸੰਗਿ ਲਾਇ ਧਿਆਨਾ॥		Har Dhhan Eisanaan Har Dhhan Giaan Har Sang Laae Dhhiaanaa ||	The wealth of the Lord is my cleansing bath, the wealth of the Lord is my wisdom; I center my meditation on the Lord.	ਹੇ ਮਾਂ! ਜਿਸ ਮਨੁੱਖ ਨੇ ਪਰਮਾਤਮਾ ਦੇ ਨਾਮ-ਧਨ ਨੂੰ ਹੀ ਤੀਰਥ-ਇਸ਼ਨਾਨ ਸਮਝਿਆ ਹੈ ਨਾਮ-ਧਨ ਨੂੰ ਹੀ ਸ਼ਾਸਤ੍ਰ ਆਦਿਕਾਂ ਦੀ ਵਿਚਾਰ ਮਿਥਿਆ ਹੈ, ਜੇਹੜਾ ਮਨੁੱਖ ਪਰਮਾਤਮਾ ਦੇ ਚਰਨਾਂ ਵਿਚ ਹੀ ਸੁਰਤਿ ਜੋੜਦਾ ਹੈ (ਇਸੇ ਨੂੰ ਸਮਾਧੀ ਲਾਣੀ ਸਮਝਦਾ ਹੈ।)

22309	495	ਹਰਿ ਧਨੁ ਤੁਲਹਾ ਹਰਿ ਧਨੁ ਬੇੜੀ ਹਰਿ ਹਰਿ ਤਾਰਿ ਪਰਾਨਾ॥੨॥	(ਤੁਲਹਾ) ਲਕੜਾ ਬੰਨ੍ ਕੇ ਬਣਾਇਆ ਬੇੜਾ	Har Dhhan Thulehaa Har Dhhan Baerree Har Har Thaar Paraanaa ||2||	The wealth of the Lord is my raft, the wealth of the Lord is my boat; the Lord, Har, Har, is the ship to carry me across. ||2||	ਜਿਸ ਮਨੁੱਖ ਨੇ ਸੰਸਾਰ-ਨਦੀ ਤੋਂ ਪਾਰ ਲੰਘਣ ਲਈ ਹਰਿ-ਨਾਮ-ਧਨ ਨੂੰ ਤੁਲਹਾ ਬਣਾ ਲਿਆ ਹੈ, ਬੇੜੀ ਬਣਾ ਲਿਆ ਹੈ, ਪਰਮਾਤਮਾ ਉਸ ਨੂੰ ਸੰਸਾਰ-ਸਮੁੰਦਰ ਤੋਂ ਤਾਰ ਕੇ ਪਾਰਲੇ ਪਾਸੇ ਅਪੜਾ ਦੇਂਦਾ ਹੈ ॥੨॥
22310	496	ਹਰਿ ਧਨ ਮੇਰੀ ਚਿੰਤ ਵਿਸਾਰੀ ਹਰਿ ਧਨਿ ਲਾਹਿਆ ਧੋਖਾ॥		Har Dhhan Maeree Chinth Visaaree Har Dhhan Laahiaa Dhhokhaa ||	Through the wealth of the Lord, I have forgotten my anxiety; through the wealth of the Lord, my doubt has been dispelled.	ਹੇ ਮਾਂ! ਪਰਮਾਤਮਾ ਦੇ ਨਾਮ-ਧਨ ਨੇ ਮੇਰੀ ਹਰੇਕ ਕਿਸਮ ਦੀ ਚਿੰਤਾ ਭੁਲਾ ਦਿੱਤੀ ਹੈ, ਮੇਰਾ ਹਰੇਕ ਫ਼ਿਕਰ ਦੂਰ ਕਰ ਦਿੱਤਾ ਹੈ।
22311	496	ਹਰਿ ਧਨ ਤੇ ਮੈ ਨਵ ਨਿਧਿ ਪਾਈ ਹਾਥਿ ਚਰਿਓ ਹਰਿ ਥੋਕਾ॥੩॥	(ਥੋਕਾ) ਨਾਮ ਪਦਾਰਥ,ਚਰ੍ਿਓ	Har Dhhan Thae Mai Nav Nidhh Paaee Haathh Chariou Har Thhokaa ||3||	From the wealth of the Lord, I have obtained the nine treasures; the true essence of the Lord has come into my hands. ||3||	ਹੇ ਮਾਂ! ਪਰਮਾਤਮਾ ਦੇ ਨਾਮ-ਧਨ ਤੋਂ (ਮੈਂ ਇਉਂ ਸਮਝਦਾ ਹਾਂ ਕਿ) ਮੈਂ ਦੁਨੀਆ ਦੇ ਸਾਰੇ ਨੌ ਹੀ ਖ਼ਜ਼ਾਨੇ ਹਾਸਲ ਕਰ ਲਏ ਹਨ, (ਸਾਧ ਸੰਗਤਿ ਦੀ ਕਿਰਪਾ ਨਾਲ) ਇਹ ਸਭ ਤੋਂ ਕੀਮਤੀ ਨਾਮ-ਧਨ ਮੈਨੂੰ ਲੱਭ ਪਿਆ ਹੈ ॥੩॥

22312	496	ਖਾਵਹੁ ਖਰਚਹੁ ਤੋਟਿ ਨ ਆਵੈ ਹਲਤ ਪਲਤ ਕੈ ਸੰਗੇ॥		Khaavahu Kharachahu Thott N Aavai Halath Palath Kai Sangae ||	No matter how much I eat and expend this wealth, it is not exhausted; here and hereafter, it remains with me.	(ਮੈਨੂੰ ਗੁਰੂ ਨੇ ਨਾਮ ਧਨ ਬਖ਼ਸ਼ ਕੇ ਆਖਿਆ ਹੈ) ਇਹ ਧਨ ਆਪ ਵਰਤੋ, ਦੂਜਿਆਂ ਨੂੰ ਭੀ ਵਰਤਾਵੋ; ਇਹ ਧਨ ਕਦੇ ਘਟਦਾ ਨਹੀਂ; ਇਸ ਲੋਕ ਤੇ ਪਰਲੋਕ ਵਿਚ ਸਦਾ ਨਾਲ ਰਹਿੰਦਾ ਹੈ।
22313	496	ਲਾਦਿ ਖਜਾਨਾ ਗੁਰਿ ਨਾਨਕ ਕਉ ਦੀਆ ਇਹੁ ਮਨੁ ਹਰਿ ਰੰਗਿ ਰੰਗੇ॥੪॥੨॥੩॥		Laadh Khajaanaa Gur Naanak Ko Dheeaa Eihu Man Har Rang Rangae ||4||2||3||	Loading the treasure, Guru Nanak has given it, and this mind is imbued with the Lord's Love. ||4||2||3||	ਗੁਰੂ ਨੇ ਨਾਨਕ ਨੂੰ ਨਾਮ-ਧਨ ਦਾ (ਇਹ) ਖ਼ਜ਼ਾਨਾ ਲੱਦ ਕੇ ਦੇ ਦਿੱਤਾ ਹੈ (ਅਤੇ ਸੁਮਤਿ ਬਖ਼ਸ਼ੀ ਹੈ ਕਿ) ਆਪਣੇ ਮਨ ਨੂੰ ਹਰਿ-ਨਾਮ ਦੇ ਰੰਗ ਵਿਚ ਰੰਗ ਲਵੋ ॥੪॥੨॥੩॥
22314	496	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	
22315	496	ਜਿਸੁ ਸਿਮਰਤ ਸਭਿ ਕਿਲਵਿਖ ਨਾਸਹਿ ਪਿਤਰੀ ਹੋਇ ਉਧਾਰੋ॥		Jis Simarath Sabh Kilavikh Naasehi Pitharee Hoe Oudhhaaro ||	Remembering Him, all sins are erased, and ones generations are saved.	ਹੇ ਪੁੱਤਰ! ਜਿਸ ਪਰਮਾਤਮਾ ਦਾ ਨਾਮ ਸਿਮਰਦਿਆਂ ਸਾਰੇ ਪਾਪ ਨਾਸ ਹੋ ਜਾਂਦੇ ਹਨ, (ਸਿਮਰਨ ਵਾਲੇ ਦੇ) ਪਿਤਰਾਂ ਦਾ ਭੀ (ਸੰਸਾਰ-ਸਮੁੰਦਰ ਤੋਂ) ਪਾਰ-ਉਤਾਰਾ ਹੋ ਜਾਂਦਾ ਹੈ,
22316	496	ਸੋ ਹਰਿ ਹਰਿ ਤੁਮ੍ਹ ਸਦ ਹੀ ਜਾਪਹੁ ਜਾ ਕਾ ਅੰਤੁ ਨ ਪਾਰੋ॥੧॥		So Har Har Thumh Sadh Hee Jaapahu Jaa Kaa Anth N Paaro ||1||	So meditate continually on the Lord, Har, Har; He has no end or limitation. ||1||	ਜਿਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ, ਤੂੰ ਸਦਾ ਹੀ ਉਸ ਦਾ ਨਾਮ ਜਪਦਾ ਰਹੁ ॥੧॥

22317	496	ਪੂਤਾ ਮਾਤਾ ਕੀ ਆਸੀਸ॥		Poothaa Maathaa Kee Aasees ||	O son, this is your mother's hope and prayer	ਹੇ ਪੁੱਤਰ! (ਤੈਨੂੰ) ਮਾਂ ਦੀ ਇਹ ਅਸੀਸ ਹੈ-
22318	496	ਨਿਮਖ ਨ ਬਿਸਰਉ ਤੁਮ੍ ਕਉ ਹਰਿ ਹਰਿ ਸਦਾ ਭਜਹੁ ਜਗਦੀਸ॥੧॥ਰਹਾਉ ॥	ਭਜਹੁਜੱਗਦੀਸ	Nimakh N Bisaro Thumh Ko Har Har Sadhaa Bhajahu Jagadhees ||1|| Rehaao ||	That you may never forget the Lord, Har, Har, even for an instant. May you ever vibrate upon the Lord of the Universe. ||1||Pause||	ਤੈਨੂੰ ਪਰਮਾਤਮਾ ਅੱਖ ਝਮਕਣ ਜਿਤਨੇ ਸਮੇ ਲਈ ਭੀ ਨਾਹ ਭੁੱਲੇ, ਤੂੰ ਸਦਾ ਜਗਤ ਦੇ ਮਾਲਕ ਪ੍ਰਭੂ ਦਾ ਨਾਮ ਜਪਦਾ ਰਹੁ ॥੧॥ ਰਹਾਉ ॥
22319	496	ਸਤਿਗੁਰੁ ਤੁਮ੍ ਕਉ ਹੋਇ ਦਇਆਲਾ ਸੰਤਸੰਗਿ ਤੇਰੀ ਪ੍ਰੀਤਿ॥		Sathigur Thumh Ko Hoe Dhaeiaalaa Santhasang Thaeree Preeth ||	May the True Guru be kind to you, and may you love the Society of the Saints.	ਹੇ ਪੁੱਤਰ! ਸਤਿਗੁਰੂ ਤੇਰੇ ਉਤੇ ਦਇਆਵਾਨ ਰਹੇ, ਗੁਰੂ ਨਾਲ ਤੇਰਾ ਪਿਆਰ ਬਣਿਆ ਰਹੇ,
22320	496	ਕਾਪੜੁ ਪਤਿ ਪਰਮੇਸਰੁ ਰਾਖੀ ਭੋਜਨੁ ਕੀਰਤਨੁ ਨੀਤਿ॥੨॥		Kaaparr Path Paramaesar Raakhee Bhojan Keerathan Neeth ||2||	May the preservation of your honor by the Transcendent Lord be your clothes, and may the singing of His Praises be your food. ||2||	(ਜਿਵੇਂ) ਕੱਪੜਾ (ਮਨੁੱਖ ਦਾ ਪਰਦਾ ਢੱਕਦਾ ਹੈ, ਤਿਵੇਂ) ਪਰਮਾਤਮਾ ਤੇਰੀ ਇੱਜ਼ਤ ਰੱਖੇ, ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਤੇਰੇ ਆਤਮਾ ਦੀ ਖ਼ੁਰਾਕ ਬਣੀ ਰਹੇ ॥੨॥

22321	496	ਅੰਮ੍ਰਿਤੁ ਪੀਵਹੁ ਸਦਾ ਚਿਰੁ ਜੀਵਹੁ ਹਰਿ ਸਿਮਰਤ ਅਨਦ ਅਨੰਤਾ॥		Anmrith Peevahu Sadhaa Chir Jeevahu Har Simarath Anadh Ananthaa ||	So drink in forever the Ambrosial Nectar; may you live long, and may the meditative remembrance of the Lord give you infinite delight.	ਹੇ ਪੁੱਤਰ! ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਸਦਾ ਪੀਂਦਾ ਰਹੁ, ਸਦਾ ਲਈ ਤੇਰਾ ਉੱਚਾ ਆਤਮਕ ਜੀਵਨ ਬਣਿਆ ਰਹੇ। ਹੇ ਪੁੱਤਰ! ਪਰਮਾਤਮਾ ਦਾ ਸਿਮਰਨ ਕੀਤਿਆਂ ਅਮੁੱਕ ਆਨੰਦ ਬਣਿਆ ਰਹਿੰਦਾ ਹੈ।
22322	496	ਰੰਗ ਤਮਾਸਾ ਪੂਰਨ ਆਸਾ ਕਬਹਿ ਨ ਬਿਆਪੈ ਚਿੰਤਾ॥੩॥		Rang Thamaasaa Pooran Aasaa Kabehi N Biaapai Chinthaa ||3||	May joy and pleasure be yours; may your hopes be fulfilled, and may you never be troubled by worries. ||3||	ਆਤਮਕ ਖ਼ੁਸ਼ੀਆਂ ਪ੍ਰਾਪਤ ਰਹਿੰਦੀਆਂ ਹਨ, ਸਭ ਆਸਾਂ ਪੂਰੀਆਂ ਹੋਈਆਂ ਰਹਿੰਦੀਆਂ ਹਨ, ਚਿੰਤਾ ਕਦੇ ਆਪਣਾ ਜ਼ੋਰ ਨਹੀਂ ਪਾ ਸਕਦੀ ॥੩॥
22323	496	ਭਵਰੁ ਤੁਮ੍ਹਾਰਾ ਇਹੁ ਮਨੁ ਹੋਵਉ ਹਰਿ ਚਰਣਾ ਹੋਹੁ ਕਉਲਾ॥	(ਕਉਲਾ)ਕਵਲ:ਪੋਲਾ ਬੋਲੋ	Bhavar Thumhaaraa Eihu Man Hovo Har Charanaa Hohu Koulaa ||	Let this mind of yours be the bumble bee, and let the Lord's feet be the lotus flower.	ਹੇ ਪੁੱਤਰ! ਤੇਰਾ ਇਹ ਮਨ ਭੌਰਾ ਬਣਿਆ ਰਹੇ, ਪਰਮਾਤਮਾ ਦੇ ਚਰਨ (ਤੇਰੇ ਮਨ-ਭੌਰੇ ਵਾਸਤੇ) ਕੌਲ-ਫੁੱਲ ਬਣੇ ਰਹਿਣ।

22324	496	ਨਾਨਕ ਦਾਸੁ ਉਨ ਸੰਗਿ ਲਪਟਾਇਓ ਜਿਉ ਬੂੰਦਹਿ ਚਾਤ੍ਰਿਕੁ ਮਉਲਾ॥੪॥੩॥੪॥	(ਮਉਲਾ) ਪ੍ਰਫੁਲਤ ਹੁੰਦਾ, ਮਉੱਲਾ ਕਸਕੇ	Naanak Dhaas Oun Sang Lapattaaeiou Jio Boondhehi Chaathrik Moulaa ||4||3||4||	Says servant Nanak, attach your mind to them, and blossom forth like the song-bird, upon finding the rain-drop. ||4||3||4||	ਹੇ ਨਾਨਕ! (ਆਖ-) ਪਰਮਾਤਮਾ ਦਾ ਸੇਵਕ ਉਹਨਾਂ ਚਰਨਾਂ ਨਾਲ ਇਉਂ ਲਪਟਿਆ ਰਹਿੰਦਾ ਹੈ; ਜਿਵੇਂ ਪਪੀਹਾ ਵਰਖਾ ਦੀ ਬੂੰਦ ਪੀ ਕੇ ਖਿੜਦਾ ਹੈ ॥੪॥੩॥੪॥
22325	496	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	
22326	496	ਮਤਾ ਕਰੈ ਪਛਮ ਕੈ ਤਾਈ ਪੂਰਬ ਹੀ ਲੈ ਜਾਤ॥	ਮਤਾ: ਪੋਲਾ ਬੋਲੋ। ਤਾਂਈਂ	Mathaa Karai Pashham Kai Thaaee Poorab Hee Lai Jaath ||	He decides to go to the west, but the Lord leads him away to the east.	ਮਨੁੱਖ ਪੱਛਮ ਵਲ ਜਾਣ ਦੀ ਸਲਾਹ ਬਣਾਂਦਾ ਹੈ, ਪਰਮਾਤਮਾ ਉਸ ਨੂੰ ਚੜ੍ਹਦੇ ਪਾਸੇ ਲੈ ਤੁਰਦਾ ਹੈ।
22327	496	ਖਿਨ ਮਹਿ ਥਾਪਿ ਉਥਾਪਨਹਾਰਾ ਆਪਨ ਹਾਥਿ ਮਤਾਤ॥੧॥	ਖਿਨ ਚ ਰਚਣ ਲੈ ਕਰਨ ਦਾ ਪਰਪੱਕ ਮਤਾਂਤ ਹੁਕਮ	Khin Mehi Thhaap Outhhaapanehaara a Aapan Haathh Mathaath ||1||	In an instant, He establishes and disestablishes; He holds all matters in His hands. ||1||	ਪਰਮਾਤਮਾ ਇਕ ਖਿਨ ਵਿਚ ਪੈਦਾ ਕਰ ਕੇ ਨਾਸ ਕਰਨ ਦੀ ਤਾਕਤ ਰੱਖਣ ਵਾਲਾ ਹੈ। ਹਰੇਕ ਫ਼ੈਸਲਾ ਉਸ ਨੇ ਆਪਣੇ ਹੱਥ ਵਿਚ ਰੱਖਿਆ ਹੁੰਦਾ ਹੈ ॥੧॥
22328	496	ਸਿਆਨਪ ਕਾਹੂ ਕਾਮਿ ਨ ਆਤ॥		Siaanap Kaahoo Kaam N Aath ||	Cleverness is of no use at all.	(ਮਨੁੱਖ ਦੀ ਆਪਣੀ) ਚਤੁਰਾਈ ਕਿਸੇ ਕੰਮ ਨਹੀਂ ਆਉਂਦੀ।

22329	496	ਜੋ ਅਨਰੂਪਿਓ ਠਾਕੁਰਿ ਮੇਰੈ ਹੋਇ ਰਹੀ ਉਹ ਬਾਤ॥੧॥ਰਹਾਉ॥	ਅਨਰੂਪਿਓ ਬਨਾਇਆ	Jo Anaroopiou Thaakur Maerai Hoe Rehee Ouh Baath ||1|| Rehaao ||	Whatever my Lord and Master deems to be right - that alone comes to pass. ||1||Pause||	ਜੋ ਗੱਲ ਮੇਰੇ ਠਾਕੁਰ ਨੇ ਮਿਥੀ ਹੁੰਦੀ ਹੈ ਉਹੀ ਹੋ ਕੇ ਰਹਿੰਦੀ ਹੈ ॥੧॥ ਰਹਾਉ ॥
22330	496	ਦੇਸੁ ਕਮਾਵਨ ਧਨ ਜੋਰਨ ਕੀ ਮਨਸਾ ਬੀਚੇ ਨਿਕਸੇ ਸਾਸ॥		Dhaes Kamaavan Dhhan Joran Kee Manasaa Beechae Nikasae Saas ||	In his desire to acquire land and accumulate wealth, one's breath escapes him.	(ਵੇਖ, ਹੇ ਭਾਈ!) ਹੋਰ ਦੇਸ ਮੱਲਣ ਤੇ ਧਨ ਇਕੱਠਾ ਕਰਨ ਦੀ ਲਾਲਸਾ ਦੇ ਵਿੱਚ ਹੀ ਮਨੁੱਖ ਦੇ ਪ੍ਰਾਣ ਨਿਕਲ ਜਾਂਦੇ ਹਨ,
22331	496	ਲਸਕਰ ਨੇਬ ਖਵਾਸ ਸਭ ਤਿਆਗੇ ਜਮਪੁਰਿ ਊਠਿ ਸਿਧਾਸ॥੨॥		Lasakar Naeb Khavaas Sabh Thiaagae Jam Pur Ooth Sidhhaas ||2||	He must leave all his armies, assistants and servants; rising up, he departs to the City of Death. ||2||	ਫ਼ੌਜਾਂ ਅਹਿਲਕਾਰ ਚੋਬਦਾਰ ਆਦਿਕ ਸਭ ਨੂੰ ਛੱਡ ਕੇ ਉਹ ਪਰਲੋਕ ਵਲ ਤੁਰ ਪੈਂਦਾ ਹੈ। (ਉਸ ਦੀ ਆਪਣੀ ਸਿਆਣਪ ਧਰੀ ਦੀ ਧਰੀ ਰਹਿ ਜਾਂਦੀ ਹੈ) ॥੨॥
22332	496	ਹੋਇ ਅਨੰਨਿ ਮਨ ਹਠ ਕੀ ਦ੍ਰਿੜਤਾ ਆਪਸ ਕਉ ਜਾਨਾਤ॥	ਗੁਰੂ ਜੀ ਦੀ ਸਿੱਖਿਆ ਵੱਲੋਂ ਧਿਆਨ ਛੱਡ ਕੇ, ਮਨ ਹਠ ਚ ਦ੍ਰਿੜ ਪ੍ਰਪੱਕ (ਅ-ਨੰਨਿ) ਹੈ	Hoe Anann Manehath Kee Dhrirrathaa Aapas Ko Jaanaath ||	Believing himself to be unique, he clings to his stubborn mind, and shows himself off.	(ਦੂਜੇ ਪਾਸੇ ਵੇਖੋ ਉਸ ਦਾ ਹਾਲ ਜੋ ਆਪਣੇ ਵੱਲੋਂ ਦੁਨੀਆ ਛੱਡ ਚੁਕਾ ਹੈ) ਆਪਣੇ ਮਨ ਦੇ ਹਠ ਦੀ ਪਕਿਆਈ ਦੇ ਆਸਰੇ ਮਾਇਆ ਵਾਲਾ ਪਾਸਾ ਛੱਡ ਕੇ (ਗ੍ਰਿਹਸਤ ਤਿਆਗ ਕੇ, ਇਸ ਨੂੰ ਬੜਾ ਸ੍ਰੇਸ਼ਟ ਕੰਮ ਸਮਝ ਕੇ ਤਿਆਗੀ ਬਣਿਆ ਹੋਇਆ ਉਹ ਮਨੁੱਖ) ਆਪਣੇ ਆਪ ਨੂੰ ਵੱਡਾ ਜਤਾਂਦਾ ਹੈ।

22333	496	ਜੋ ਅਨਿੰਦੁ ਨਿੰਦੁ ਕਰਿ ਛੋਡਿਓ ਸੋਈ ਫਿਰਿ ਫਿਰਿ ਖਾਤ॥੩॥	ਅ-ਨਿੰਦੁ	Jo Anindh Nindh Kar Shhoddiou Soee Fir Fir Khaath ||3||	That food, which the blameless people have condemned and discarded, he eats again and again. ||3||	ਇਹ ਗ੍ਰਿਹਸਤ ਨਿੰਦਣ-ਜੋਗ ਨਹੀਂ ਸੀ ਪਰ ਇਸ ਨੂੰ ਨਿੰਦਣ-ਜੋਗ ਮਿਥ ਕੇ ਇਸ ਨੂੰ ਛੱਡ ਦੇਂਦਾ ਹੈ (ਛੱਡ ਕੇ ਭੀ) ਮੁੜ ਮੁੜ (ਗ੍ਰਿਹਸਤੀਆਂ ਪਾਸੋਂ ਹੀ ਲੈ ਲੈ ਕੇ) ਖਾਂਦਾ ਹੈ ॥੩॥
22334	496	ਸਹਜ ਸੁਭਾਇ ਭਏ ਕਿਰਪਾਲਾ ਤਿਸੁ ਜਨ ਕੀ ਕਾਟੀ ਫਾਸ॥		Sehaj Subhaae Bheae Kirapaalaa This Jan Kee Kaattee Faas ||	One, unto whom the Lord shows His natural mercy, has the noose of Death cut away from him.	(ਸੋ, ਨਾਹ ਧਨ-ਪਦਾਰਥ ਇਕੱਠਾ ਕਰਨ ਵਾਲੀ ਚਤੁਰਾਈ ਕਿਸੇ ਕੰਮ ਹੈ ਤੇ ਨਾਹ ਹੀ ਤਿਆਗ ਦਾ ਮਾਣ ਕੋਈ ਲਾਭ ਪੁਚਾਂਦਾ ਹੈ) ਉਹ ਪਰਮਾਤਮਾ ਆਪਣੇ ਸੁਭਾਵਿਕ ਪਿਆਰ ਦੀ ਪ੍ਰੇਰਨਾ ਨਾਲ ਜਿਸ ਮਨੁੱਖ ਉਤੇ ਦਇਆਵਾਨ ਹੁੰਦਾ ਹੈ ਉਸ ਮਨੁੱਖ ਦੀ (ਮਾਇਆ ਦੇ ਮੋਹ ਦੀ) ਫਾਹੀ ਕੱਟ ਦੇਂਦਾ ਹੈ।
22335	496	ਕਹੁ ਨਾਨਕ ਗੁਰੁ ਪੂਰਾ ਭੇਟਿਆ ਪਰਵਾਣੁ ਗਿਰਸਤ ਉਦਾਸ॥੪॥੪॥੫॥	ਗਿ-ਰਸਤ	Kahu Naanak Gur Pooraa Bhaettiaa Paravaan Girasath Oudhaas ||4||4||5||	Says Nanak, one who meets the Perfect Guru, is celebrated as a householder as well as a renunciate. ||4||4||5||	ਨਾਨਕ ਆਖਦਾ ਹੈ- ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ ਉਹ ਗ੍ਰਿਹਸਤ ਵਿਚ ਰਹਿੰਦਾ ਹੋਇਆ ਮਾਇਆ ਵਲੋਂ ਨਿਰਮੋਹ ਹੋ ਕੇ ਪਰਮਾਤਮਾ ਦੀ ਹਜ਼ੂਰੀ ਵਿਚ ਕਬੂਲ ਹੋ ਜਾਂਦਾ ਹੈ ॥੪॥੪॥੫॥
22336	496	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	

22337	496	ਨਾਮੁ ਨਿਧਾਨੁ ਜਿਨਿ ਜਨਿ ਜਪਿਓ ਤਿਨ ਕੇ ਬੰਧਨ ਕਾਟੇ॥		Naam Nidhhaan Jin Jan Japiou Thin Kae Bandhhan Kaattae ||	Those humble beings who chant the treasure of the Naam, the Name of the Lord, have their bonds broken.	ਜਿਸ ਜਿਸ ਮਨੁੱਖ ਨੇ ਸਾਰੇ ਸੁਖਾਂ ਦਾ ਖ਼ਜ਼ਾਨਾ ਹਰਿ-ਨਾਮ ਸਿਮਰਿਆ, ਉਹਨਾਂ ਸਭਨਾਂ ਦੇ ਮਾਇਆ ਦੇ ਬੰਧਨ ਕੱਟੇ ਗਏ।
22338	496	ਕਾਮ ਕ੍ਰੋਧ ਮਾਇਆ ਬਿਖੁ ਮਮਤਾ ਇਹ ਬਿਆਧਿ ਤੇ ਹਾਟੇ॥੧॥		Kaam Krodhh Maaeiaa Bikh Mamathaa Eih Biaadhh Thae Haattae ||1||	Sexual desirer, anger, the poison of Maya and egotism - they are rid of these afflictions. ||1||	ਕਾਮ, ਕ੍ਰੋਧ, ਆਤਮਕ ਮੌਤ ਲਿਆਉਣ ਵਾਲੀ ਮਾਇਆ ਦੀ ਮਮਤਾ-ਇਹਨਾਂ ਸਾਰੇ ਰੋਗਾਂ ਤੋਂ ਉਹ ਬਚ ਜਾਂਦੇ ਹਨ ॥੧॥
22339	496	ਹਰਿ ਜਸੁ ਸਾਧਸੰਗਿ ਮਿਲਿ ਗਾਇਓ॥		Har Jas Saadhhasang Mil Gaaeiou ||	One who joins the Saadh Sangat, the Company of the Holy, and chants the Praises of the Lord,	ਜਿਸ ਮਨੁੱਖ ਨੇ ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ,
22340	496	ਗੁਰ ਪਰਸਾਦਿ ਭਇਓ ਮਨੁ ਨਿਰਮਲੁ ਸਰਬ ਸੁਖਾ ਸੁਖ ਪਾਇਅਉ॥੧॥ਰਹਾਉ॥	ਪਾਇ-ਅਉ	Gur Parasaadh Bhaeiou Man Niramal Sarab Sukhaa Sukh Paaeiao ||1|| Rehaao ||	Has his mind purified, by Guru's Grace, and he obtains the joy of all joys. ||1||Pause||	ਗੁਰੂ ਦੀ ਕਿਰਪਾ ਨਾਲ ਉਸ ਦਾ ਮਨ ਪਵਿਤ੍ਰ ਹੋ ਗਿਆ, ਉਸ ਨੇ ਸਾਰੇ ਸੁਖ ਪ੍ਰਾਪਤ ਕਰ ਲਏ ॥੧॥ ਰਹਾਉ ॥

22341	496	ਜੋ ਕਿਛੁ ਕੀਓ ਸੋਈ ਭਲ ਮਾਨੈ ਐਸੀ ਭਗਤਿ ਕਮਾਨੀ॥		Jo Kishh Keeou Soee Bhal Maanai Aisee Bhagath Kamaanee ||	Whatever the Lord does, he sees that as good; such is the devotional service he performs.	ਉਹ ਮਨੁੱਖ ਅਜੇਹੀ ਭਗਤੀ ਦੀ ਕਾਰ ਕਰਦਾ ਹੈ ਕਿ ਜੋ ਕੁਝ ਪਰਮਾਤਮਾ ਕਰਦਾ ਹੈ ਉਹ ਉਸ ਨੂੰ (ਸਭ ਜੀਵਾਂ ਵਾਸਤੇ) ਭਲਾ ਮੰਨਦਾ ਹੈ,
22342	496	ਮਿਤ੍ਰ ਸਤ੍ਰੁ ਸਭ ਏਕ ਸਮਾਨੇ ਜੋਗ ਜੁਗਤਿ ਨੀਸਾਨੀ॥੨॥		Mithr Sathra Sabh Eaek Samaanae Jog Jugath Neesaanee ||2||	He sees friends and enemies as all the same; this is the sign of the Way of Yoga. ||2||	ਉਸ ਨੂੰ ਮਿੱਤਰ ਤੇ ਵੈਰੀ ਸਾਰੇ ਇਕੋ ਜਿਹੇ (ਮਿੱਤਰ ਹੀ) ਦਿੱਸਦੇ ਹਨ। ਇਹੀ ਹੈ ਪਰਮਾਤਮਾ ਦੇ ਮਿਲਾਪ ਦਾ ਤਰੀਕਾ, ਤੇ ਇਹੀ ਹੈ ਪ੍ਰਭੂ-ਮਿਲਾਪ ਦੀ ਨਿਸ਼ਾਨੀ ॥੨॥
22343	496	ਪੂਰਨ ਪੂਰਿ ਰਹਿਓ ਸ੍ਰਬ ਥਾਈ ਆਨ ਨ ਕਤਹੂੰ ਜਾਤਾ॥	ਥਾਂਈਂ	Pooran Poor Rehiou Srab Thhaaee Aan N Kathehoon Jaathaa ||	The all-pervading Lord is fully filling all places; why should I go anywhere else?	(ਜਿਸ ਮਨੁੱਖ ਨੇ ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ, ਉਸ ਨੇ) ਪਛਾਣ ਲਿਆ ਕਿ ਸਰਬ-ਵਿਆਪਕ ਪ੍ਰਭੂ ਸਭਨਾਂ ਥਾਵਾਂ ਵਿਚ ਮੌਜੂਦ ਹੈ, ਉਸ ਮਨੁੱਖ ਨੇ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਨੂੰ (ਸਭ ਥਾਵਾਂ ਵਿਚ ਵੱਸਦਾ) ਨਹੀਂ ਸਮਝਿਆ।

22344	496	ਘਟ ਘਟ ਅੰਤਰਿ ਸਰਬ ਨਿਰੰਤਰਿ ਰੰਗਿ ਰਵਿਓ ਰੰਗਿ ਰਾਤਾ॥੩॥		Ghatt Ghatt Anthar Sarab Niranthar Rang Raviou Rang Raathaa ||3||	He is permeating and pervading within each and every heart; I am immersed in His Love, dyed in the color of His Love. ||3||	ਉਸ ਨੂੰ ਉਹ ਪ੍ਰਭੂ ਹਰੇਕ ਸਰੀਰ ਵਿਚ, ਇਕ-ਰਸ ਸਭਨਾਂ ਵਿਚ ਵੱਸਦਾ ਦਿੱਸਦਾ ਹੈ। ਉਹ ਮਨੁੱਖ ਉਸ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਆਨੰਦ ਮਾਣਦਾ ਹੈ ਉਸ ਦੇ ਪ੍ਰੇਮ ਵਿਚ ਮਸਤ ਰਹਿੰਦਾ ਹੈ ॥੩॥
22345	496	ਭਏ ਕ੍ਰਿਪਾਲ ਦਇਆਲ ਗੁਪਾਲਾ ਤਾ ਨਿਰਭੈ ਕੈ ਘਰਿ ਆਇਆ॥		Bheae Kirapaal Dhaeiaal Gupaalaa Thaa Nirabhai Kai Ghar Aaeiaa ||	When the Lord of the Universe becomes kind and compassionate, then one enters the home of the Fearless Lord.	ਜਦੋਂ ਕਿਸੇ ਮਨੁੱਖ ਉੱਤੇ ਗੋਪਾਲ-ਪ੍ਰਭੂ ਕਿਰਪਾਲ ਹੁੰਦਾ ਹੈ ਦਇਆਵਾਨ ਹੁੰਦਾ ਹੈ, ਤਦੋਂ ਉਹ ਮਨੁੱਖ ਉਸ ਨਿਰਭੈ-ਪ੍ਰਭੂ ਦੇ ਚਰਨਾਂ ਵਿਚ ਲੀਨ ਹੋ ਜਾਂਦਾ ਹੈ।
22346	497	ਕਲਿ ਕਲੇਸ ਮਿਟੇ ਖਿਨ ਭੀਤਰਿ ਨਾਨਕ ਸਹਜਿ ਸਮਾਇਆ ॥੪॥੫॥੬॥	ਮਿਟੇ: ਪੋਲਾ ਬੋਲੋ	Kal Kalaes Mittae Khin Bheethar Naanak Sehaj Samaaeiaa ||4||5||6||	His troubles and worries are ended in an instant; O Nanak, he merges in celestial peace. ||4||5||6||	ਹੇ ਨਾਨਕ! (ਆਖ-) ਇਕ ਖਿਨ ਵਿਚ ਉਸ ਦੇ ਅੰਦਰੋਂ ਦੁੱਖ-ਕਲੇਸ਼ ਮਿਟ ਜਾਂਦੇ ਹਨ, ਉਹ ਮਨੁੱਖ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ॥੪॥੫॥੬॥
22347	497	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	

22348	497	ਜਿਸੁ ਮਾਨੁਖ ਪਹਿ ਕਰਉ ਬੇਨਤੀ ਸੋ ਅਪਨੈ ਦੁਖਿ ਭਰਿਆ॥		Jis Maanukh Pehi Karo Baenathee So Apanai Dhukh Bhariaa ||	Whoever I approach to ask for help, I find him full of his own troubles.	ਮੈਂ ਜਿਸ ਭੀ ਮਨੁੱਖ ਕੋਲ (ਆਪਣੇ ਦੁੱਖ ਦੀ) ਗੱਲ ਕਰਦਾ ਹਾਂ, ਉਹ ਆਪਣੇ ਦੁੱਖ ਨਾਲ ਭਰਿਆ ਹੋਇਆ ਦਿੱਸਦਾ ਹੈ (ਉਹ ਮੇਰਾ ਦੁੱਖ ਕੀਹ ਨਿਵਿਰਤ ਕਰੇ?)।
22349	497	ਪਾਰਬ੍ਰਹਮੁ ਜਿਨਿ ਰਿਦੈ ਅਰਾਧਿਆ ਤਿਨਿ ਭਉ ਸਾਗਰੁ ਤਰਿਆ॥੧॥		Paarabreham Jin Ridhai Araadhhiaa Thin Bho Saagar Thariaa ||1||	One who worships in his heart the Supreme Lord God, crosses over the terrifying world-ocean. ||1||	ਜਿਸ ਮਨੁੱਖ ਨੇ ਆਪਣੇ ਹਿਰਦੇ ਵਿਚ ਪਰਮਾਤਮਾ ਨੂੰ ਆਰਾਧਿਆ ਹੈ, ਉਸ ਨੇ ਹੀ ਇਹ ਡਰ (-ਭਰਿਆ ਸੰਸਾਰ-) ਸਮੁੰਦਰ ਪਾਰ ਕੀਤਾ ਹੈ ॥੧॥
22350	497	ਗੁਰ ਹਰਿ ਬਿਨੁ ਕੋ ਨ ਬ੍ਰਿਥਾ ਦੁਖੁ ਕਾਟੈ॥		Gur Har Bin Ko N Brithhaa Dhukh Kaattai ||	No one, except the Guru-Lord, can dispel our pain and sorrow.	ਗੁਰੂ ਤੋਂ ਬਿਨਾ ਪਰਮਾਤਮਾ ਤੋਂ ਬਿਨਾ ਕੋਈ ਹੋਰ ਧਿਰ (ਕਿਸੇ ਦਾ) ਦੁੱਖ ਪੀੜ ਕੱਟ ਨਹੀਂ ਸਕਦਾ।
22351	497	ਪ੍ਰਭੁ ਤਜਿ ਅਵਰ ਸੇਵਕੁ ਜੇ ਹੋਈ ਹੈ ਤਿਤੁ ਮਾਨੁ ਮਹਤੁ ਜਸੁ ਘਾਟੈ॥੧॥ਰਹਾਉ॥	ਮ–ਹੱਤੁ	Prabh Thaj Avar Saevak Jae Hoee Hai Thith Maan Mehath Jas Ghaattai ||1|| Rehaao ||	Forsaking God, and serving another, one's honor, dignity and reputation are decreased. ||1||Pause||	ਪਰਮਾਤਮਾ (ਦਾ ਆਦਰਾ) ਛੱਡ ਕੇ ਜੇ ਕਿਸੇ ਹੋਰ ਦਾ ਸੇਵਕ ਬਣੀਏ ਤਾਂ ਇਸ ਕੰਮ ਵਿਚ ਇੱਜ਼ਤ ਵਡਿਆਈ ਸੋਭਾ ਘਟ ਜਾਂਦੀ ਹੈ ॥੧॥ ਰਹਾਉ ॥

22352	497	ਮਾਇਆ ਕੇ ਸਨਬੰਧ ਸੈਨ ਸਾਕ ਕਿਤ ਹੀ ਕਾਮਿ ਨ ਆਇਆ॥		Maaeiaa Kae Sanabandhh Sain Saak Kith Hee Kaam N Aaeiaa ||	Relatives, relations and family bound through Maya are of no avail.	ਮਾਇਆ ਦੇ ਕਾਰਨ ਬਣੇ ਹੋਏ ਇਹ ਸਾਕ ਸਜਣ ਰਿਸ਼ਤੇਦਾਰ (ਦੁੱਖਾਂ ਦੀ ਨਿਵਿਰਤੀ ਵਾਸਤੇ) ਕਿਸੇ ਭੀ ਕੰਮ ਨਹੀਂ ਆ ਸਕਦੇ।
22353	497	ਹਰਿ ਕਾ ਦਾਸੁ ਨੀਚ ਕੁਲੁ ਊਚਾ ਤਿਸੁ ਸੰਗਿ ਮਨ ਬਾਂਛਤ ਫਲ ਪਾਇਆ॥੨॥		Har Kaa Dhaas Neech Kul Oochaa This Sang Man Baanshhath Fal Paaeiaa ||2||	The Lord's servant, although of lowly birth, is exalted. Associating with him, one obtains the fruits of his mind's desires. ||2||	ਪਰਮਾਤਮਾ ਦਾ ਭਗਤ ਜੇ ਨੀਵੀਂ ਕੁਲ ਦਾ ਭੀ ਹੋਵੇ, ਉਸ ਨੂੰ ਸ੍ਰੇਸ਼ਟ (ਜਾਣੋ), ਉਸ ਦੀ ਸੰਗਤਿ ਵਿਚ ਰਿਹਾਂ ਮਨ-ਇੱਛਤ ਫਲ ਹਾਸਲ ਕਰ ਲਈਦੇ ਹਨ ॥੨॥
22354	497	ਲਾਖ ਕੋਟਿ ਬਿਖਿਆ ਕੇ ਬਿੰਜਨ ਤਾ ਮਹਿ ਤ੍ਰਿਸਨ ਨ ਬੂਝੀ॥		Laakh Kott Bikhiaa Kae Binjan Thaa Mehi Thrisan N Boojhee ||	Through corruption, one may obtain thousands and millions of enjoyments, but even so, his desires are not satisfied through them.	ਜੇ ਮਾਇਆ ਦੇ ਲੱਖਾਂ ਕ੍ਰੋੜਾਂ ਸੁਆਦਲੇ ਖਾਣੇ ਹੋਣ, ਉਹਨਾਂ ਵਿਚ ਲੱਗਿਆਂ (ਖਾਣ ਦੀ) ਤ੍ਰਿਸ਼ਨਾ ਨਹੀਂ ਮੁੱਕਦੀ।
22355	497	ਸਿਮਰਤ ਨਾਮੁ ਕੋਟਿ ਉਜੀਆਰਾ ਬਸਤੁ ਅਗੋਚਰ ਸੂਝੀ॥੩॥	ਉਜੀ-ਆਰਾ	Simarath Naam Kott Oujeeaaraa Basath Agochar Soojhee ||3||	Remembering the Naam, the Name of the Lord, millions of lights appear, and the incomprehensible is understood. ||3||	ਪਰਮਾਤਮਾ ਦਾ ਨਾਮ ਸਿਮਰਦਿਆਂ (ਅੰਦਰ, ਮਾਨੋ) ਕ੍ਰੋੜਾਂ (ਸੂਰਜਾਂ ਦਾ) ਚਾਨਣ ਹੋ ਜਾਂਦਾ ਹੈ, ਤੇ ਅੰਦਰ ਉਹ ਕੀਮਤੀ ਨਾਮ-ਪਦਾਰਥ ਦਿੱਸ ਪੈਂਦਾ ਹੈ ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ ॥੩॥

22356	497	ਫਿਰਤ ਫਿਰਤ ਤੁਮ੍ਰੈ ਦੁਆਰਿ ਆਇਆ ਭੈ ਭੰਜਨ ਹਰਿ ਰਾਇਆ॥		Firath Firath Thumharai Dhuaar Aaeiaa Bhai Bhanjan Har Raaeiaa ||	Wandering and roaming around, I have come to Your Door, Destroyer of fear, O Lord King.	ਹੇ ਪ੍ਰਭੂ ਪਾਤਿਸ਼ਾਹ! ਹੇ ਜੀਵਾਂ ਦੇ ਸਾਰੇ ਡਰ ਨਾਸ ਕਰਨ ਵਾਲੇ ਹਰੀ! ਜੇਹੜਾ ਮਨੁੱਖ ਭਟਕਦਾ ਭਟਕਦਾ (ਆਖ਼ਰ) ਤੇਰੇ ਦਰ ਤੇ ਆ ਪਹੁੰਚਦਾ ਹੈ,
22357	497	ਸਾਧ ਕੇ ਚਰਨ ਧੂਰਿ ਜਨੁ ਬਾਛੈ ਸੁਖੁ ਨਾਨਕ ਇਹੁ ਪਾਇਆ॥੪॥੬॥੭॥		Saadhh Kae Charan Dhhoor Jan Baashhai Sukh Naanak Eihu Paaeiaa ||4||6||7||	Servant Nanak yearns for the dust of the feet of the Holy; in it, he finds peace. ||4||6||7||	ਹੇ ਨਾਨਕ! (ਆਖ-) ਉਹ (ਤੇਰੇ ਦਰ ਤੋਂ) ਗੁਰੂ ਦੇ ਚਰਨਾਂ ਦੀ ਧੂੜ ਮੰਗਦਾ ਹੈ, (ਤੇ ਤੇਰੇ ਦਰ ਤੋਂ) ਇਹ ਸੁਖ ਪ੍ਰਾਪਤ ਕਰਦਾ ਹੈ ॥੪॥੬॥੭॥
22358	497	ਗੂਜਰੀ ਮਹਲਾ ੫ ਪੰਚਪਦਾ ਘਰੁ ੨		Goojaree Mehalaa 5 Panchapadhaa Ghar 2	Goojaree, Fifth Mehl, Panch-Pada, Second House:	ਰਾਗ ਗੂਜਰੀ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਪੰਜ-ਬੰਦਾਂ ਵਾਲੀ ਬਾਣੀ।
22359	497	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22360	497	ਪ੍ਰਥਮੇ ਗਰਭ ਮਾਤਾ ਕੈ ਵਾਸਾ ਊਹਾ ਛੋਡਿ ਧਰਨਿ ਮਹਿ ਆਇਆ॥		Prathhamae Garabh Maathaa Kai Vaasaa Oohaa Shhodd Dhharan Mehi Aaeiaa ||	First, he came to dwell in his mother's womb; leaving it, he came into the world.	ਜੀਵ ਪਹਿਲਾਂ ਮਾਂ ਦੇ ਪੇਟ ਵਿਚ ਆ ਨਿਵਾਸ ਕਰਦਾ ਹੈ, (ਫਿਰ) ਉਹ ਥਾਂ ਛੱਡ ਕੇ ਧਰਤੀ ਤੇ ਆਉਂਦਾ ਹੈ।

22361	497	ਚਿਤ੍ਰ ਸਾਲ ਸੁੰਦਰ ਬਾਗ ਮੰਦਰ ਸੰਗਿ ਨ ਕਛਹੂ ਜਾਇਆ॥੧॥	ਚਿਤ੍ਰਚਿੱਤ੍ਰਕਾਰੀ ਵਾਲੇ। ਮੰਦਰਘਰ	Chithr Saal Sundhar Baag Mandhar Sang N Kashhehoo Jaaeiaa ||1||	Splendid mansions, beautiful gardens and palaces - none of these shall go with him. ||1||	(ਇਥੇ) ਚਿਤ੍ਰੇ ਹੋਏ ਮਹਲ-ਮਾੜੀਆਂ ਤੇ ਸੋਹਣੇ ਬਾਗ਼ (ਵੇਖ ਵੇਖ ਕੇ ਖ਼ੁਸ਼ ਹੁੰਦਾ ਹੈ, ਪਰ ਇਹਨਾਂ ਵਿਚੋਂ) ਕੋਈ ਭੀ ਚੀਜ਼ (ਅਖ਼ੀਰ ਵੇਲੇ ਜੀਵ ਦੇ) ਨਾਲ ਨਹੀਂ ਜਾਂਦੀ ॥੧॥
22362	497	ਅਵਰ ਸਭ ਮਿਥਿਆ ਲੋਭ ਲਬੀ॥	ਲੱਬੀ	Avar Sabh Mithhiaa Lobh Labee ||	All other greeds of the greedy are false.	ਹੋਰ ਸਾਰੇ ਲੋਭ ਲਾਲਚ ਝੂਠੇ ਹਨ।
22363	497	ਗੁਰਿ ਪੂਰੈ ਦੀਓ ਹਰਿ ਨਾਮਾ ਜੀਅ ਕਉ ਏਹਾ ਵਸਤੁ ਫਬੀ॥੧॥ਰਹਾਉ॥	ਫੱਬੀ	Gur Poorai Dheeou Har Naamaa Jeea Ko Eaehaa Vasath Fabee ||1|| Rehaao ||	The Perfect Guru has given me the Name of the Lord, which my soul has come to treasure. ||1||Pause||	(ਜੇ ਕਿਸੇ ਮਨੁੱਖ ਨੂੰ ਪੂਰੇ ਗੁਰੂ ਨੇ ਪਰਮਾਤਮਾ ਦਾ ਨਾਮ ਦੇ ਦਿੱਤਾ, ਤਾਂ ਇਹ ਨਾਮ ਹੀ (ਉਸ ਦੀ) ਜਿੰਦ ਵਾਸਤੇ ਸੁਖਾਵੀਂ ਚੀਜ਼ ਹੈ ॥੧॥ ਰਹਾਉ ॥
22364	497	ਇਸਟ ਮੀਤ ਬੰਧਪ ਸੁਤ ਭਾਈ ਸੰਗਿ ਬਨਿਤਾ ਰਚਿ ਹਸਿਆ॥	ਬਨਿ-ਤਾਹੱਸਿਆ	Eisatt Meeth Bandhhap Suth Bhaaee Sang Banithaa Rach Hasiaa ||	Surrounded by dear friends, relatives, children, siblings and spouse, he laughs playfully.	ਪਿਆਰੇ ਮਿੱਤਰ, ਰਿਸ਼ਤੇਦਾਰ, ਪੁੱਤਰ, ਭਰਾ, ਇਸਤ੍ਰੀ-ਇਹਨਾਂ ਨਾਲ ਗੂੜਾ ਪਿਆਰ ਪਾ ਕੇ ਜੀਵ ਹੱਸਦਾ-ਖੇਡਦਾ ਰਹਿੰਦਾ ਹੈ,

22365	497	ਜਬ ਅੰਤੀ ਅਉਸਰੁ ਆਇ ਬਨਿਓ ਹੈ ਉਨ੍ ਪੇਖਤ ਹੀ ਕਾਲਿ ਗ੍ਰਸਿਆ॥੨॥		Jab Anthee Aousar Aae Baniou Hai Ounh Paekhath Hee Kaal Grasiaa ||2||	But when the very last moment arrives, Death seizes him, while they merely look on. ||2||	ਪਰ ਜਿਸ ਵੇਲੇ ਅੰਤਲਾ ਸਮਾ ਆ ਪੁੱਜਦਾ ਹੈ, ਉਹਨਾਂ ਸਭਨਾਂ ਦੇ ਵੇਂਹਦਿਆਂ ਵੇਂਹਦਿਆਂ ਮੌਤ ਨੇ ਆ ਫੜਨਾ ਹੁੰਦਾ ਹੈ ॥੨॥
22366	497	ਕਰਿ ਕਰਿ ਅਨਰਥ ਬਿਹਾਝੀ ਸੰਪੈ ਸੁਇਨਾ ਰੂਪਾ ਦਾਮਾ॥	ਅ-ਨਰਥ	Kar Kar Anarathh Bihaajhee Sanpai Sueinaa Roopaa Dhaamaa ||	By continual oppression and exploitation, he accumulates wealth, gold, silver and money,	(ਸਾਰੀ ਉਮਰ) ਧੱਕੇ ਜ਼ੁਲਮ ਕਰ ਕਰ ਕੇ ਮਨੁੱਖ ਦੌਲਤ ਸੋਨਾ ਚਾਂਦੀ ਰੁਪਏ ਇਕੱਠੇ ਕਰਦਾ ਰਹਿੰਦਾ ਹੈ।
22367	497	ਭਾੜੀ ਕਉ ਓਹੁ ਭਾੜਾ ਮਿਲਿਆ ਹੋਰੁ ਸਗਲ ਭਇਓ ਬਿਰਾਨਾ॥੩॥		Bhaarree Ko Ouhu Bhaarraa Miliaa Hor Sagal Bhaeiou Biraanaa ||3||	But the load-bearer gets only paltry wages, while the rest of the money passes on to others. ||3||	(ਜਿਵੇਂ ਕਿਸੇ) ਮਜ਼ਦੂਰ ਨੂੰ ਮਜ਼ਦੂਰੀ (ਮਿਲ ਜਾਂਦੀ ਹੈ ਤਿਵੇਂ, ਦੌਲਤ ਇਕੱਠੀ ਕਰਨ ਵਾਲੇ ਨੂੰ) ਉਹ (ਹਰ ਰੋਜ਼ ਦਾ ਖਾਣ-ਪੀਣ) ਮਜ਼ਦੂਰੀ ਮਿਲਦੀ ਰਹੀ, ਬਾਕੀ ਸਾਰਾ ਧਨ (ਮਰਨ ਵੇਲੇ) ਬਿਗਾਨਾ ਹੋ ਜਾਂਦਾ ਹੈ ॥੩॥
22368	497	ਹੈਵਰ ਗੈਵਰ ਰਥ ਸੰਬਾਹੇ ਗਹੁ ਕਰਿ ਕੀਨੇ ਮੇਰੇ॥		Haivar Gaivar Rathh Sanbaahae Gahu Kar Keenae Maerae ||	He grabs and collects horses, elephants and chariots, and claims them as his own.	ਮਨੁੱਖ ਸੋਹਣੇ ਘੋੜੇ ਵਧੀਆ ਹਾਥੀ ਰਥ (ਆਦਿਕ) ਇਕੱਠੇ ਕਰਦਾ ਰਹਿੰਦਾ ਹੈ, ਪੂਰੇ ਧਿਆਨ ਨਾਲ ਇਹਨਾਂ ਨੂੰ ਆਪਣੀ ਮਲਕੀਅਤ ਬਣਾਂਦਾ ਰਹਿੰਦਾ ਹੈ,

22369	497	ਜਬ ਤੇ ਹੋਈ ਲਾਂਮੀ ਧਾਈ ਚਲਹਿ ਨਾਹੀ ਇਕ ਪੈਰੇ॥੪॥		Jab Thae Hoee Laanmee Dhhaaee Chalehi Naahee Eik Pairae ||4||	But when he sets out on the long journey, they will not go even one step with him. ||4||	ਪਰ ਜਦੋਂ ਲੰਮਾ ਕੂਚ ਹੁੰਦਾ ਹੈ (ਇਹ ਘੋੜੇ ਆਦਿਕ) ਇਕ ਪੈਰ ਭੀ (ਮਨੁੱਖ ਦੇ ਨਾਲ) ਨਹੀਂ ਤੁਰਦੇ ॥੪॥
22370	497	ਨਾਮੁ ਧਨੁ ਨਾਮੁ ਸੁਖ ਰਾਜਾ ਨਾਮੁ ਕੁਟੰਬ ਸਹਾਈ॥		Naam Dhhan Naam Sukh Raajaa Naam Kuttanb Sehaaee ||	The Naam, the Name of the Lord, is my wealth; the Naam is my princely pleasure; the Naam is my family and helper.	ਪਰਮਾਤਮਾ ਦਾ ਨਾਮ ਹੀ ਮਨੁੱਖ ਦਾ ਅਸਲ ਧਨ ਹੈ, ਨਾਮ ਹੀ ਸੁਖਦਾਤਾ ਹੈ, ਨਾਮ ਹੀ ਪਰਵਾਰ ਹੈ, ਨਾਮ ਹੀ ਸਾਥੀ ਹੈ।
22371	497	ਨਾਮੁ ਸੰਪਤਿ ਗੁਰਿ ਨਾਨਕ ਕਉ ਦੀਈ ਓਹ ਮਰੈ ਨ ਆਵੈ ਜਾਈ॥੫॥੧॥੮॥	ਦੀ-ਈ	Naam Sanpath Gur Naanak Ko Dheeee Ouh Marai N Aavai Jaaee ||5||1||8||	The Guru has given Nanak the wealth of the Naam; it neither perishes, nor comes or goes. ||5||1||8||	ਗੁਰੂ ਨੇ (ਮੈਨੂੰ) ਨਾਨਕ ਨੂੰ ਇਹ ਹਰਿ-ਨਾਮ-ਦੌਲਤ ਹੀ ਦਿੱਤੀ ਹੈ। ਇਹ ਦੌਲਤ ਕਦੇ ਮੁੱਕਦੀ ਨਹੀਂ, ਕਦੇ ਗੁਆਚਦੀ ਨਹੀਂ ॥੫॥੧॥੮॥
22372	497	ਗੂਜਰੀ ਮਹਲਾ ੫ ਤਿਪਦੇ ਘਰੁ ੨		Goojaree Mehalaa 5 Thipadhae Ghar 2	Goojaree, Fifth Mehl, Ti-Padas, Second House:	ਰਾਗ ਗੂਜਰੀ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਤਿਨ-ਬੰਦਾਂ ਵਾਲੀ ਬਾਣੀ।
22373	497	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

22374	497	ਦੁਖ ਬਿਨਸੇ ਸੁਖ ਕੀਆ ਨਿਵਾਸਾ ਤ੍ਰਿਸਨਾ ਜਲਨਿ ਬੁਝਾਈ॥	ਬੁਝਾਈ: ਪੋਲਾ ਬੋਲੋ	Dhukh Binasae Sukh Keeaa Nivaasaa Thrisanaa Jalan Bujhaaee ||	My sorrows are ended, and I am filled with peace. The fire of desire within me has been quenched.	ਉਸ ਮਨੁੱਖ ਦੇ ਸਾਰੇ ਦੁੱਖ ਨਾਸ ਹੋ ਜਾਂਦੇ ਹਨ, ਉਸ ਦੇ ਅੰਦਰ ਸੁਖ ਆ ਨਿਵਾਸ ਕਰਦੇ ਹਨ, ਪਰਮਾਤਮਾ ਦਾ ਨਾਮ ਉਸ ਦੀ ਤ੍ਰਿਸ਼ਨਾ ਦੀ ਸੜਨ ਬੁਝਾ ਦੇਂਦਾ ਹੈ,
22375	497	ਨਾਮੁ ਨਿਧਾਨੁ ਸਤਿਗੁਰੂ ਦ੍ਰਿੜਾਇਆ ਬਿਨਸਿ ਨ ਆਵੈ ਜਾਈ॥੧॥		Naam Nidhhaan Sathiguroo Dhrirraaeiaa Binas N Aavai Jaaee ||1||	The True Guru has implanted the treasure of the Naam, the Name of the Lord, within me; it neither dies, nor goes anywhere. ||1||	ਜਿਸ ਦੇ ਹਿਰਦੇ ਵਿਚ ਗੁਰੂ ਨੇ (ਸਾਰੇ ਸੁਖਾਂ ਦਾ) ਖ਼ਜ਼ਾਨਾ ਹਰਿ-ਨਾਮ ਪੱਕਾ ਕਰ ਦਿੱਤਾ, ਉਹ ਆਤਮਕ ਮੌਤ ਨਹੀਂ ਸਹੇੜਦਾ, ਉਹ ਨਾਹ (ਮੁੜ ਮੁੜ) ਜੰਮਦਾ ਹੈ ਨਾਹ ਮਰਦਾ ਹੈ ॥੧॥
22376	497	ਹਰਿ ਜਪਿ ਮਾਇਆ ਬੰਧਨ ਤੂਟੇ॥		Har Jap Maaeiaa Bandhhan Thoottae ||	Meditating on the Lord, the bonds of Maya are cut away.	ਪਰਮਾਤਮਾ ਦਾ ਨਾਮ ਜਪ ਕੇ ਉਸ ਮਨੁੱਖ ਦੇ ਮਾਇਆ ਦੇ ਬੰਧਨ ਟੁੱਟ ਜਾਂਦੇ ਹਨ।
22377	497	ਭਏ ਕ੍ਰਿਪਾਲ ਦਇਆਲ ਪ੍ਰਭ ਮੇਰੇ ਸਾਧਸੰਗਤਿ ਮਿਲਿ ਛੂਟੇ॥੧॥ਰਹਾਉ॥		Bheae Kirapaal Dhaeiaal Prabh Maerae Saadhhasangath Mil Shhoottae ||1|| Rehaao ||	When my God becomes kind and compassionate, one joins the Saadh Sangat, the Company of the Holy, and is emancipated. ||1||Pause||	ਮੇਰੇ ਪ੍ਰਭੂ ਜੀ ਜਿਸ ਮਨੁੱਖ ਉੱਤੇ ਕਿਰਪਾਲ ਹੁੰਦੇ ਹਨ, ਉਹ ਮਨੁੱਖ ਸਾਧ ਸੰਗਤਿ ਵਿਚ ਮਿਲ ਕੇ ਮਾਇਆ ਦੇ ਬੰਧਨਾਂ ਤੋਂ ਅਜ਼ਾਦ ਹੋ ਜਾਂਦਾ ਹੈ ॥੧॥ ਰਹਾਉ ॥

22378	498	ਆਠ ਪਹਰ ਹਰਿ ਕੇ ਗੁਨ ਗਾਵੈ ਭਗਤਿ ਪ੍ਰੇਮ ਰਸਿ ਮਾਤਾ॥	ਮੱਾਤਾ	Aath Pehar Har Kae Gun Gaavai Bhagath Praem Ras Maathaa ||	Twenty-four hours a day, he sings the Glorious Praises of the Lord, absorbed in loving devotional worship.	(ਜਿਸ ਮਨੁੱਖ ਉੱਤੇ ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਉਹ) ਪਰਮਾਤਮਾ ਦੀ ਭਗਤੀ ਤੇ ਪਿਆਰ ਦੇ ਸੁਆਦ ਵਿਚ ਮਸਤ ਹੋ ਕੇ ਅੱਠੇ ਪਹਰ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ।
22379	498	ਹਰਖ ਸੋਗ ਦੁਹੁ ਮਾਹਿ ਨਿਰਾਲਾ ਕਰਣੈਹਾਰੁ ਪਛਾਤਾ॥੨॥		Harakh Sog Dhuhu Maahi Niraalaa Karanaihaar Pashhaathaa ||2||	He remains unaffected by both fortune and misfortune, and he recognizes the Creator Lord. ||2||	(ਇਸ ਤਰ੍ਹਾਂ) ਉਹ ਖ਼ੁਸ਼ੀ ਤੇ ਗ਼ਮੀ ਦੋਹਾਂ ਤੋਂ ਨਿਰਲੇਪ ਰਹਿੰਦਾ ਹੈ, ਉਹ ਸਦਾ ਸਿਰਜਣਹਾਰ-ਪ੍ਰਭੂ ਨਾਲ ਸਾਂਝ ਪਾਈ ਰੱਖਦਾ ਹੈ ॥੨॥
22380	498	ਜਿਸ ਕਾ ਸਾ ਤਿਨ ਹੀ ਰਖਿ ਲੀਆ ਸਗਲ ਜੁਗਤਿ ਬਣਿ ਆਈ॥		Jis Kaa Saa Thin Hee Rakh Leeaa Sagal Jugath Ban Aaee ||	The Lord saves those who belong to Him, and all pathways are opened to them.	(ਪ੍ਰਭੂ! ਦੀ ਦਇਆ ਨਾਲ) ਜਿਹੜਾ ਮਨੁੱਖ ਉਸ ਪ੍ਰਭੂ ਦਾ ਹੀ ਸੇਵਕ ਬਣ ਜਾਂਦਾ ਹੈ, ਉਹ ਪ੍ਰਭੂ ਹੀ ਉਸ ਨੂੰ ਮਾਇਆ ਦੇ ਬੰਧਨਾਂ ਤੋਂ ਬਚਾ ਲੈਂਦਾ ਹੈ, ਉਸ ਮਨੁੱਖ ਦੀ ਸਾਰੀ ਜੀਵਨ-ਮਰਯਾਦਾ ਸੁਚੱਜੀ ਬਣ ਜਾਂਦੀ ਹੈ।
22381	498	ਕਹੁ ਨਾਨਕ ਪ੍ਰਭ ਪੁਰਖ ਦਇਆਲਾ ਕੀਮਤਿ ਕਹਣੁ ਨ ਜਾਈ॥੩॥੧॥੯॥		Kahu Naanak Prabh Purakh Dhaeiaalaa Keemath Kehan N Jaaee ||3||1||9||	Says Nanak, the value of the Merciful Lord God cannot be described. ||3||1||9||	ਨਾਨਕ ਆਖਦਾ ਹੈ- ਸਰਬ-ਵਿਆਪਕ ਪ੍ਰਭੂ ਜੀ (ਆਪਣੇ ਸੇਵਕ ਉਤੇ ਸਦਾ) ਦਇਆਵਾਨ ਰਹਿੰਦੇ ਹਨ। ਪ੍ਰਭੂ ਦੀ ਦਇਆਲਤਾ ਦਾ ਮੁੱਲ ਦੱਸਿਆ ਨਹੀਂ ਜਾ ਸਕਦਾ ॥੩॥੧॥੯॥

22382	498	ਗੂਜਰੀ ਮਹਲਾ ੫ ਦੁਪਦੇ ਘਰੁ ੨		Goojaree Mehalaa 5 Dhupadhae Ghar 2	Goojaree, Fifth Mehl, Du-Padas, Second House:	ਰਾਗ ਗੂਜਰੀ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
22383	498	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22384	498	ਪਤਿਤ ਪਵਿਤ੍ਰ ਲੀਏ ਕਰਿ ਅਪੁਨੇ ਸਗਲ ਕਰਤ ਨਮਸਕਾਰੋ॥	ਪਤਿ-ਤ ਪ-ਵਿਤ੍ਰ	Pathith Pavithr Leeeae Kar Apunae Sagal Karath Namasakaaro ||	The Lord has sanctified the sinners and made them His own; all bow in reverence to Him.	ਵਿਕਾਰਾਂ ਵਿਚ ਡਿੱਗੇ ਹੋਏ ਜਿਨ੍ਹਾਂ ਬੰਦਿਆਂ ਨੂੰ ਪਵਿਤ੍ਰ ਕਰ ਕੇ ਪਰਮਾਤਮਾ ਆਪਣੇ (ਦਾਸ) ਬਣਾ ਲੈਂਦਾ ਹੈ, ਸਾਰੀ ਲੁਕਾਈ ਉਹਨਾਂ ਅੱਗੇ ਸਿਰ ਨਿਵਾਂਦੀ ਹੈ।
22385	498	ਬਰਨੁ ਜਾਤਿ ਕੋਊ ਪੂਛੈ ਨਾਹੀ ਬਾਛਹਿ ਚਰਨ ਰਵਾਰੋ॥੧॥	(ਬਾਛਹਿ) ਚਾਹੁੰਦੇ, (ਰਵਾਰੋ) ਧੂੜ	Baran Jaath Kooo Pooshhai Naahee Baashhehi Charan Ravaaro ||1||	No one asks about their ancestry and social status; instead, they yearn for the dust of their feet. ||1||	ਕੋਈ ਨਹੀਂ ਪੁੱਛਦਾ ਉਹਨਾਂ ਦਾ ਵਰਨ ਕੇਹੜਾ ਹੈ ਉਹਨਾਂ ਦੀ ਜਾਤਿ ਕੇਹੜੀ ਹੈ। ਸਭ ਲੋਕ ਉਹਨਾਂ ਦੇ ਚਰਨਾਂ ਦੀ ਧੂੜ ਮੰਗਦੇ ਹਨ ॥੧॥
22386	498	ਠਾਕੁਰ ਐਸੋ ਨਾਮੁ ਤੁਮ੍ਹਾਰੋ॥		Thaakur Aiso Naam Thumhaaro ||	O Lord Master, such is Your Name.	ਹੇ ਮਾਲਕ-ਪ੍ਰਭੂ! ਤੇਰਾ ਨਾਮ ਅਸਚਰਜ ਸ਼ਕਤੀ ਵਾਲਾ ਹੈ।

22387	498	ਸਗਲ ਸ੍ਰਿਸਟਿ ਕੋ ਧਣੀ ਕਹੀਜੈ ਜਨ ਕੋ ਅੰਗੁ ਨਿਰਾਰੋ॥੧॥ਰਹਾਉ॥		Sagal Srisatt Ko Dhhanee Keheejai Jan Ko Ang Niraaro ||1|| Rehaao ||	You are called the Lord of all creation; You give Your unique support to Your servant. ||1||Pause||	ਤੂੰ ਆਪਣੇ ਸੇਵਕ ਦਾ ਅਨੋਖਾ ਹੀ ਪੱਖ ਕਰਦਾ ਹੈਂ, (ਤੇਰੇ ਨਾਮ ਦੀ ਬਰਕਤਿ ਨਾਲ ਤੇਰਾ ਸੇਵਕ) ਸਾਰੀ ਦੁਨੀਆ ਦਾ ਮਾਲਕ ਅਖਵਾਣ ਲੱਗ ਪੈਂਦਾ ਹੈ ॥੧॥ ਰਹਾਉ ॥
22388	498	ਸਾਧਸੰਗਿ ਨਾਨਕ ਬੁਧਿ ਪਾਈ ਹਰਿ ਕੀਰਤਨੁ ਆਧਾਰੋ॥		Saadhhasang Naanak Budhh Paaee Har Keerathan Aadhhaaro ||	In the Saadh Sangat, the Company of the Holy, Nanak has obtained understanding; singing the Kirtan of the Lord's Praises is his only support.	ਹੇ ਨਾਨਕ! ਜੇਹੜਾ ਮਨੁੱਖ ਸਾਧ ਸੰਗਤਿ ਵਿਚ ਆ ਕੇ (ਸੁਚੱਜੀ) ਅਕਲ ਪ੍ਰਾਪਤ ਕਰ ਲੈਂਦਾ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਉਸ ਦੀ ਜ਼ਿੰਦਗੀ ਦਾ ਆਸਰਾ ਬਣ ਜਾਂਦਾ ਹੈ।
22389	498	ਨਾਮਦੇਉ ਤ੍ਰਿਲੋਚਨੁ ਕਬੀਰ ਦਾਸਰੋ ਮੁਕਤਿ ਭਇਓ ਚੰਮਿਆਰੋ॥੨॥੧॥੧੦॥		Naamadhaeo Thrilochan Kabeer Dhaasaro Mukath Bhaeiou Chanmiaaro ||2||1||10||	The Lord's servants, Naam Dayv, Trilochan, Kabeer and Ravi Daas the shoe-maker have been liberated. ||2||1||10||	(ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਹੀ) ਨਾਮਦੇਵ, ਤ੍ਰਿਲੋਚਨ, ਕਬੀਰ, ਰਵਿਦਾਸ ਚਮਾਰ-ਹਰੇਕ (ਮਾਇਆ ਦੇ ਬੰਧਨਾਂ ਤੋਂ) ਖ਼ਲਾਸੀ ਪ੍ਰਾਪਤ ਕਰ ਗਿਆ ॥੨॥੧॥੧੦॥
22390	498	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	

22391	498	ਹੈ ਨਾਹੀ ਕੋਊ ਬੂਝਨਹਾਰੋ ਜਾਨੈ ਕਵਨੁ ਭਤਾ॥	ਸ਼ਿਵ ਜੀ ਬ੍ਰਹਮਾ ਆਦਿ ਨਹੀਂ ਜਾਣਦੇ, ਕਿਸ (ਭਤਾ) ਪ੍ਰਕਾਰ ਦੇ ਹਨ। ਭਤਾ:ਪੋਲਾ ਬੋਲੋ	Hai Naahee Kooo Boojhanehaaro Jaanai Kavan Bhathaa ||	No one understands the Lord; who can understand His plans?	ਕੋਈ ਭੀ ਐਸਾ ਮਨੁੱਖ ਨਹੀਂ ਹੈ ਜੇਹੜਾ ਪਰਮਾਤਮਾ ਦੇ ਸਹੀ ਸਰੂਪ ਨੂੰ ਸਮਝਣ ਦੀ ਤਾਕਤ ਰੱਖਦਾ ਹੋਵੇ।
22392	498	ਸਿਵ ਬਿਰੰਚਿ ਅਰੁ ਸਗਲ ਮੋਨਿ ਜਨ ਗਹਿ ਨ ਸਕਾਹਿ ਗਤਾ॥੧॥	(ਬਿਰੰਚਿ) ਬ੍ਰਹਮਾ। ਗਤਾ:ਪੋਲਾ ਬੋਲੋ	Siv Biranch Ar Sagal Mon Jan Gehi N Sakaahi Gathaa ||1||	Shiva, Brahma and all the silent sages cannot understand the state of the Lord. ||1||	ਕੌਣ ਜਾਣ ਸਕਦਾ ਹੈ ਕਿ ਉਹ ਕਿਹੋ ਜਿਹਾ ਹੈ? ਸ਼ਿਵ, ਬ੍ਰਹਮਾ ਅਤੇ ਹੋਰ ਸਾਰੇ ਰਿਸ਼ੀ ਮੁਨੀ ਭੀ ਉਸ ਪਰਮਾਤਮਾ ਦੇ ਸਰੂਪ ਨੂੰ ਸਮਝ ਨਹੀਂ ਸਕਦੇ ॥੧॥
22393	498	ਪ੍ਰਭ ਕੀ ਅਗਮ ਅਗਾਧਿ ਕਥਾ॥		Prabh Kee Agam Agaadhh Kathhaa ||	God's sermon is profound and unfathomable.	ਪਰਮਾਤਮਾ ਕਿਹੋ ਜਿਹਾ ਹੈ- ਇਸ ਗੱਲ ਦੀ ਸਮਝ ਮਨੁੱਖ ਦੀ ਪਹੁੰਚ ਤੋਂ ਪਰੇ ਹੈ (ਮਨੁੱਖੀ ਸਮਝ ਵਾਸਤੇ) ਬਹੁਤ ਹੀ ਡੂੰਘੀ ਹੈ।
22394	498	ਸੁਨੀਐ ਅਵਰ ਅਵਰ ਬਿਧਿ ਬੁਝੀਐ ਬਕਨ ਕਥਨ ਰਹਤਾ॥੧॥ਰਹਾਉ॥	ਬਿਧਿ:ਪੋਲਾ ਬੋਲੋ। ਬੁੱਝੀਐ	Suneeai Avar Avar Bidhh Bujheeai Bakan Kathhan Rehathaa ||1|| Rehaao ||	He is heard to be one thing, but He is understood to be something else again; He is beyond description and explanation. ||1||Pause||	(ਉਸ ਦੇ ਸਰੂਪ ਬਾਰੇ ਲੋਕਾਂ ਪਾਸੋਂ) ਸੁਣੀਦਾ ਕੁਝ ਹੋਰ ਹੈ, ਤੇ ਸਮਝੀਦਾ ਕਿਸੇ ਹੋਰ ਤਰ੍ਹਾਂ ਹੈ, ਕਿਉਂਕਿ (ਉਸ ਦਾ ਸਰੂਪ) ਦੱਸਣ ਤੋਂ ਬਿਆਨ ਕਰਨ ਤੋਂ ਬਾਹਰ ਹੈ ॥੧॥ ਰਹਾਉ ॥

22395	498	ਆਪੇ ਭਗਤਾ ਆਪਿ ਸੁਆਮੀ ਆਪਨ ਸੰਗਿ ਰਤਾ॥	ਰੱਤਾ	Aapae Bhagathaa Aap Suaamee Aapan Sang Rathaa ||	He Himself is the devotee, and He Himself is the Lord and Master; He is imbued with Himself.	ਪਰਮਾਤਮਾ ਆਪ ਹੀ (ਆਪਣਾ) ਭਗਤ ਹੈ, ਆਪ ਹੀ ਮਾਲਕ ਹੈ, ਆਪ ਹੀ ਆਪਣੇ ਨਾਲ ਮਸਤ ਹੈ,
22396	498	ਨਾਨਕ ਕੋ ਪ੍ਰਭੁ ਪੂਰਿ ਰਹਿਓ ਹੈ ਪੇਖਿਓ ਜਤ੍ਰ ਕਤਾ॥੨॥੨॥੧੧॥	(ਜਤ੍ਰ) ਜਿਥੇ ।(ਕਤਾ) ਕਿਥੇ। ਜੱਤ੍ਰ। ਕਤਾ:ਪੋਲਾ ਬੋਲੋ	Naanak Ko Prabh Poor Rehiou Hai Paekhiou Jathr Kathaa ||2||2||11||	Nanak's God is pervading and permeating everywhere; wherever he looks, He is there. ||2||2||11||	(ਕਿਉਂਕਿ, ਹੇ ਭਾਈ!) ਨਾਨਕ ਦਾ ਪਰਮਾਤਮਾ ਸਾਰੇ ਹੀ ਸੰਸਾਰ ਵਿਚ ਵਿਆਪਕ ਹੈ, (ਨਾਨਕ ਨੇ) ਉਸ ਨੂੰ ਹਰ ਥਾਂ ਵੱਸਦਾ ਵੇਖਿਆ ਹੈ ॥੨॥੨॥੧੧॥
22397	498	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	
22398	498	ਮਤਾ ਮਸੂਰਤਿ ਅਵਰ ਸਿਆਨਪ ਜਨ ਕਉ ਕਛੂ ਨ ਆਇਓ॥	ਮਤਾ:ਪੋਲਾ ਬੋਲੋ। ਮ-ਸੂਰਤਿ	Mathaa Masoorath Avar Siaanap Jan Ko Kashhoo N Aaeiou ||	The humble servant of the Lord has no plans, politics or other clever tricks.	ਪਰਮਾਤਮਾ ਦੇ ਸੇਵਕ ਨੂੰ ਕੋਈ ਸਲਾਹ ਮਸ਼ਵਰਾ, ਕੋਈ ਹੋਰ ਸਿਆਣਪ ਦੀ ਗੱਲ-ਇਹ ਕੁਝ ਭੀ ਨਹੀਂ ਅਹੁੜਦਾ।
22399	498	ਜਹ ਜਹ ਅਉਸਰੁ ਆਇ ਬਨਿਓ ਹੈ ਤਹਾ ਤਹਾ ਹਰਿ ਧਿਆਇਓ॥੧॥		Jeh Jeh Aousar Aae Baniou Hai Thehaa Thehaa Har Dhhiaaeiou ||1||	Whenever the occasion arises, there, he meditates on the Lord. ||1||	ਜਿੱਥੇ ਜਿੱਥੇ (ਕੋਈ ਔਖਿਆਈ ਦਾ) ਮੌਕਾ ਆ ਬਣਦਾ ਹੈ, ਉੱਥੇ ਉੱਥੇ (ਪਰਮਾਤਮਾ ਦਾ ਸੇਵਕ) ਪਰਮਾਤਮਾ ਦਾ ਹੀ ਧਿਆਨ ਧਰਦਾ ਹੈ ॥੧॥

22400	498	ਪ੍ਰਭ ਕੋ ਭਗਤਿ ਵਛਲੁ ਬਿਰਦਾਇਓ॥	(ਬਿਰਦਾਇਓ) ਧਰਮ	Prabh Ko Bhagath Vashhal Biradhaaeiou ||	It is the very nature of God to love His devotees;	ਪਰਮਾਤਮਾ ਦਾ ਮੁੱਢ-ਕਦੀਮਾਂ ਦਾ ਸੁਭਾਉ ਹੈ ਕਿ ਉਹ ਭਗਤੀ (ਕਰਨ ਵਾਲਿਆਂ) ਦਾ ਪਿਆਰਾ ਹੈ।
22401	498	ਕਰੇ ਪ੍ਰਤਿਪਾਲ ਬਾਰਿਕ ਕੀ ਨਿਆਈ ਜਨ ਕਉ ਲਾਡ ਲਡਾਇਓ॥੧॥ਰਹਾਉ॥		Karae Prathipaal Baarik Kee Niaaee Jan Ko Laadd Laddaaeiou ||1|| Rehaao ||	He cherishes His servant, and caresses him as His own child. ||1||Pause||	ਉਹ (ਸਭਨਾਂ ਦੀ) ਬੱਚਿਆਂ ਵਾਂਗ ਪਾਲਣਾ ਕਰਦਾ ਹੈ, ਤੇ ਆਪਣੇ ਸੇਵਕ ਨੂੰ ਲਾਡ ਲਡਾਂਦਾ ਹੈ ॥੧॥ ਰਹਾਉ ॥
22402	498	ਜਪ ਤਪ ਸੰਜਮ ਕਰਮ ਧਰਮ ਹਰਿ ਕੀਰਤਨੁ ਜਨਿ ਗਾਇਓ॥		Jap Thap Sanjam Karam Dhharam Har Keerathan Jan Gaaeiou ||	The Lord's servant sings the Kirtan of His Praises as his worship, deep meditation, self-discipline and religious observances.	ਪਰਮਾਤਮਾ ਦੇ ਸੇਵਕ ਨੇ (ਸਦਾ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਹੀ ਗੀਤ ਗਾਇਆ ਹੈ, (ਸੇਵਕ ਵਾਸਤੇ ਇਹ ਸਿਫ਼ਤ-ਸਾਲਾਹ ਹੀ) ਜਪ ਤਪ ਹੈ, ਸੰਜਮ ਹੈ, ਤੇ (ਮਿਥੇ ਹੋਏ) ਧਾਰਮਿਕ ਕਰਮ ਹੈ।

22403	498	ਸਰਨਿ ਪਰਿਓ ਨਾਨਕ ਠਾਕੁਰ ਕੀ ਅਭੈ ਦਾਨੁ ਸੁਖੁ ਪਾਇਓ॥੨॥੩॥੧੨॥	(ਅਭੈ) ਡਰ ਤੋਂ ਰਹਿਤ।ਅ-ਭੈ:ਪੋਲਾ ਬੋਲੋ	Saran Pariou Naanak Thaakur Kee Abhai Dhaan Sukh Paaeiou ||2||3||12||	Nanak has entered the Sanctuary of his Lord and Master, and has received the blessings of fearlessness and peace. ||2||3||12||	ਹੇ ਨਾਨਕ! ਪਰਮਾਤਮਾ ਦਾ ਸੇਵਕ ਪਰਮਾਤਮਾ ਦੀ ਹੀ ਸਰਨ ਪਿਆ ਰਹਿੰਦਾ ਹੈ, (ਪ੍ਰਭੂ ਦੇ ਦਰ ਤੋਂ ਹੀ ਉਹ) ਨਿਡਰਤਾ ਦੀ ਦਾਤਿ ਪ੍ਰਾਪਤ ਕਰਦਾ ਹੈ, ਆਤਮਕ ਆਨੰਦ ਹਾਸਲ ਕਰਦਾ ਹੈ ॥੨॥੩॥੧੨॥
22404	498	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	
22405	498	ਦਿਨੁ ਰਾਤੀ ਆਰਾਧਹੁ ਪਿਆਰੋ ਨਿਮਖ ਨ ਕੀਜੈ ਢੀਲਾ॥		Dhin Raathee Aaraadhhahu Piaaro Nimakh N Keejai Dteelaa ||	Worship the Lord in adoration, day and night, O my dear - do not delay for a moment.	ਉਸ ਪਿਆਰੇ ਹਰੀ ਨੂੰ ਦਿਨ ਰਾਤ ਹਰ ਵੇਲੇ ਸਿਮਰਦੇ ਰਿਹਾ ਕਰੋ, ਅੱਖ ਦੇ ਝਮਕਣ ਜਿਤਨੇ ਸਮੇ ਲਈ ਭੀ (ਇਸ ਕੰਮ ਤੋਂ) ਢਿੱਲ ਨਹੀਂ ਕਰਨੀ ਚਾਹੀਦੀ।
22406	498	ਸੰਤ ਸੇਵਾ ਕਰਿ ਭਾਵਨੀ ਲਾਈਐ ਤਿਆਗਿ ਮਾਨੁ ਹਾਠੀਲਾ॥੧॥		Santh Saevaa Kar Bhaavanee Laaeeai Thiaag Maan Haatheelaa ||1||	Serve the Saints with loving faith, and set aside your pride and stubbornness. ||1||	(ਆਪਣੇ ਮਨ ਵਿਚੋਂ) ਅਹੰਕਾਰ ਤੇ ਹਠ ਤਿਆਗ ਕੇ, ਗੁਰੂ ਦੀ ਦੱਸੀ ਸੇਵਾ ਕਰ ਕੇ, (ਪਰਮਾਤਮਾ ਦੇ ਚਰਨਾਂ ਵਿਚ) ਸਰਧਾ ਬਣਾਈ ਚਾਹੀਦੀ ਹੈ ॥੧॥
22407	498	ਮੋਹਨੁ ਪ੍ਰਾਨ ਮਾਨ ਰਾਗੀਲਾ॥		Mohan Praan Maan Raageelaa ||	The fascinating, playful Lord is my very breath of life and honor.	ਸੁੰਦਰ ਹਰੀ ਸਦਾ ਖਿੜੇ ਸੁਭਾਵ ਵਾਲਾ ਹੈ, ਮੇਰੀ ਜਿੰਦ ਦਾ ਮਾਣ ਹੈ।

22408	498	ਬਾਸਿ ਰਹਿਓ ਹੀਅਰੇ ਕੈ ਸੰਗੇ ਪੇਖਿ ਮੋਹਿਓ ਮਨੁ ਲੀਲਾ॥੧॥ਰਹਾਉ॥	(ਹੀਅਰੇ) ਹਿਰਦਾ	Baas Rehiou Heearae Kai Sangae Paekh Mohiou Man Leelaa ||1|| Rehaao ||	He abides in my heart; beholding His playful games, my mind is fascinated. ||1||Pause||	ਉਹ ਸੁੰਦਰ ਹਰੀ (ਸਦਾ) ਮੇਰੇ ਹਿਰਦੇ ਨਾਲ ਵੱਸ ਰਿਹਾ ਹੈ, ਮੇਰਾ ਮਨ ਉਸ ਦੇ ਕੌਤਕ ਵੇਖ ਵੇਖ ਕੇ ਮਸਤ ਹੋ ਰਿਹਾ ਹੈ ॥੧॥ ਰਹਾਉ ॥
22409	498	ਜਿਸੁ ਸਿਮਰਤ ਮਨਿ ਹੋਤ ਅਨੰਦਾ ਉਤਰੈ ਮਨਹੁ ਜੰਗੀਲਾ॥	(ਜੰਗੀਲਾ) ਪਾਪਾਂ ਰੂਪੀ ਜੰਗਾਲ	Jis Simarath Man Hoth Anandhaa Outharai Manahu Jangeelaa ||	Remembering Him, my mind is in bliss, and the rust of my mind is removed.	(ਹੇ ਭਾਈ!) ਜਿਸ ਪਰਮਾਤਮਾ ਦਾ ਸਿਮਰਨ ਕਰਦਿਆਂ ਮਨ ਵਿਚ ਆਨੰਦ ਪੈਦਾ ਹੁੰਦਾ ਹੈ, ਤੇ ਮਨ ਵਿਚੋਂ (ਵਿਕਾਰਾਂ ਦੀ) ਮੈਲ ਲਹਿ ਜਾਂਦੀ ਹੈ,
22410	498	ਮਿਲਬੇ ਕੀ ਮਹਿਮਾ ਬਰਨਿ ਨ ਸਾਕਉ ਨਾਨਕ ਪਰੈ ਪਰੀਲਾ॥੨॥੪॥੧੩॥	(ਪਰੀਲਾ) ਕਥਨ ਤੋਂ ਰਹਿਤ	Milabae Kee Mehimaa Baran N Saako Naanak Parai Pareelaa ||2||4||13||	The great honor of meeting the Lord cannot be described; O Nanak, it is infinite, beyond measure. ||2||4||13||	ਹੇ ਨਾਨਕ! (ਆਖ-) ਉਸ ਦੇ ਚਰਨਾਂ ਵਿਚ ਜੁੜਨ ਦੀ ਵਡਿਆਈ ਮੈਂ ਬਿਆਨ ਨਹੀਂ ਕਰ ਸਕਦਾ, ਵਡਿਆਈ ਪਰੇ ਤੋਂ ਪਰੇ ਹੈ (ਪਾਰਲਾ ਬੰਨਾ ਨਹੀਂ ਲੱਭ ਸਕਦਾ) ॥੨॥੪॥੧੩॥
22411	498	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	

22412	498	ਮੁਨਿ ਜੋਗੀ ਸਾਸਤ੍ਰਗਿ ਕਹਾਵਤ ਸਭ ਕੀਨੇ ਬਸਿ ਅਪਨ ਹੀ॥	(ਸਾਸਤ੍ਰੱਗਿ)ਸ਼ਾਸਤ੍ਰਾਂ ਦੇ ਅਰਥ ਸਿਧਾਂਤ ਦੇ ਜਾਣੂੰ। ਬੱਸਿ	Mun Jogee Saasathrag Kehaavath Sabh Keenhae Bas Apanehee ||	They call themselves silent sages, Yogis and scholars of the Shaastras, but Maya has has them all under her control.	ਕੋਈ ਆਪਣੇ ਆਪ ਨੂੰ ਮੁਨੀ ਅਖਵਾਂਦੇ ਹਨ, ਕੋਈ ਜੋਗੀ ਅਖਵਾਂਦੇ ਹਨ, ਕੋਈ ਸ਼ਾਸਤ੍ਰ-ਵੇਤਾ ਅਖਵਾਂਦੇ ਹਨ-ਇਹਨਾਂ ਸਭਨਾਂ ਨੂੰ (ਪ੍ਰਬਲ ਮਾਇਆ ਨੇ) ਆਪਣੇ ਵੱਸ ਵਿਚ ਕੀਤਾ ਹੋਇਆ ਹੈ।
22413	498	ਤੀਨਿ ਦੇਵ ਅਰੁ ਕੋੜਿ ਤੇਤੀਸਾ ਤਿਨ ਕੀ ਹੈਰਤਿ ਕਛੁ ਨ ਰਹੀ॥੧॥	ਹੈਰਤਿਅਕਲ ਹੋਸ਼। ਤੇੱਤੀਸਾ	Theen Dhaev Ar Korr Thaetheesaa Thin Kee Hairath Kashh N Rehee ||1||	The three gods, and the 330,000,000 demi-gods, were astonished. ||1||	(ਬ੍ਰਹਮਾ, ਵਿਸ਼ਨੂੰ, ਸ਼ਿਵ ਇਹ ਵੱਡੇ) ਤਿੰਨ ਦੇਵਤੇ ਅਤੇ (ਬਾਕੀ ਦੇ) ਤੇਤੀ ਕ੍ਰੋੜ ਦੇਵਤੇ-(ਮਾਇਆ ਦਾ ਇਤਨਾ ਬਲ ਵੇਖ ਕੇ) ਇਹਨਾਂ ਸਭਨਾਂ ਦੀ ਹੈਰਾਨਗੀ ਦੀ ਕੋਈ ਹੱਦ ਨਾਹ ਰਹਿ ਗਈ ॥੧॥
22414	499	ਬਲਵੰਤਿ ਬਿਆਪਿ ਰਹੀ ਸਭ ਮਹੀ॥		Balavanth Biaap Rehee Sabh Mehee ||	The power of Maya is pervading everywhere.	ਪ੍ਰਬਲ ਮਾਇਆ ਸਾਰੀ ਧਰਤੀ ਉੱਤੇ ਆਪਣਾ ਜ਼ੋਰ ਪਾ ਰਹੀ ਹੈ,
22415	499	ਅਵਰੁ ਨ ਜਾਨਸਿ ਕੋਊ ਮਰਮਾ ਗੁਰ ਕਿਰਪਾ ਤੇ ਲਹੀ॥੧॥ਰਹਾਉ॥		Avar N Jaanas Kooo Maramaa Gur Kirapaa Thae Lehee ||1|| Rehaao ||	Her secret is known only by Guru's Grace - no one else knows it. ||1||Pause||	ਕੋਈ ਹੋਰ ਮਨੁੱਖ (ਇਸ ਤੋਂ ਬਚਣ ਦਾ) ਭੇਤ ਨਹੀਂ ਜਾਣਦਾ। (ਇਹ ਭੇਤ) ਗੁਰੂ ਦੀ ਕਿਰਪਾ ਨਾਲ ਲੱਭਦਾ ਹੈ ॥੧॥ ਰਹਾਉ ॥

22416	499	ਜੀਤਿ ਜੀਤਿ ਜੀਤੇ ਸਭਿ ਥਾਨਾ ਸਗਲ ਭਵਨ ਲਪਟਹੀ॥		Jeeth Jeeth Jeethae Sabh Thhaanaa Sagal Bhavan Lapattehee ||	Conquering and conquering, she has conquered everywhere, and she clings to the whole world.	ਇਹ ਪ੍ਰਬਲ ਮਾਇਆ ਸਦਾ ਤੋਂ ਸਾਰੇ ਥੋਂ ਜਿੱਤਦੀ ਆ ਰਹੀ ਹੈ, ਇਹ ਸਾਰੇ ਭਵਨਾਂ (ਦੇ ਜੀਵਾਂ) ਨੂੰ ਚੰਬੜੀ ਹੋਈ ਹੈ।
22417	499	ਕਹੁ ਨਾਨਕ ਸਾਧ ਤੇ ਭਾਗੀ ਹੋਇ ਚੇਰੀ ਚਰਨ ਗਹੀ॥੨॥੫॥੧੪॥	ਭੱਾਗੀ	Kahu Naanak Saadhh Thae Bhaagee Hoe Chaeree Charan Gehee ||2||5||14||	Says Nanak, she surrenders to the Holy Saint; becoming his servant, she falls at his feet. ||2||5||14||	ਨਾਨਕ ਆਖਦਾ ਹੈ- ਇਹ ਪ੍ਰਬਲ ਮਾਇਆ ਗੁਰੂ ਪਾਸੋਂ ਪਰੇ ਭੱਜੀ ਹੈ, (ਗੁਰੂ ਦੀ) ਦਾਸੀ ਬਣ ਕੇ (ਗੁਰੂ ਦੇ) ਚਰਨ ਫੜਦੀ ਹੈ ॥੨॥੫॥੧੪॥
22418	499	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	
22419	499	ਦੁਇ ਕਰ ਜੋੜਿ ਕਰੀ ਬੇਨੰਤੀ ਠਾਕੁਰੁ ਅਪਨਾ ਧਿਆਇਆ॥		Dhue Kar Jorr Karee Baenanthee Thaakur Apanaa Dhhiaaeiaa ||	With my palms pressed together, I offer my prayer, meditating on my Lord and Master.	ਮੈਂ (ਆਪਣੇ ਮਾਲਕ-ਪ੍ਰਭੂ ਦੇ ਅੱਗੇ) ਦੋਵੇਂ ਹਥ ਜੋੜ ਕੇ ਅਰਜ਼ੋਈ ਕਰਦਾ ਰਹਿੰਦਾ ਹਾਂ।
22420	499	ਹਾਥ ਦੇਇ ਰਾਖੇ ਪਰਮੇਸਰਿ ਸਗਲਾ ਦੁਰਤੁ ਮਿਟਾਇਆ॥੧॥	(ਦੁਰਤੁ) ਪਾਪ	Haathh Dhaee Raakhae Paramaesar Sagalaa Dhurath Mittaaeiaa ||1||	Giving me His hand, the Transcendent Lord has saved me, and erased all my sins. ||1||	ਉਸ ਮਾਲਕ ਪਰਮੇਸਰ ਪ੍ਰਭੂ ਨੇ ਸਾਡੀ ਹੱਥ ਦੇ ਕੇ ਰਾਖੀ ਕੀਤੀ ਹੈ ਤੇ ਸਾਰੇ ਕਸ਼ਟ ਤੇ ਪਾਪ ਨਵਿਰਤ ਕਰ ਦਿਤੇ ਹਨ ॥੧॥

22421	499	ਠਾਕੁਰ ਹੋਏ ਆਪਿ ਦਇਆਲ॥		Thaakur Hoeae Aap Dhaeiaal ||	The Lord and Master Himself has become merciful.	ਜਿਨ੍ਹਾਂ ਜੀਵਾਂ ਉਤੇ ਪ੍ਰਭੂ ਜੀ ਆਪ ਦਇਆਵਾਨ ਹੁੰਦੇ ਹਨ,
22422	499	ਭਈ ਕਲਿਆਣ ਆਨੰਦ ਰੂਪ ਹੁਈ ਹੈ ਉਬਰੇ ਬਾਲ ਗੁਪਾਲ॥੧॥ਰਹਾਉ॥		Bhee Kaliaan Aanandh Roop Huee Hai Oubarae Baal Gupaal ||1|| Rehaao ||	I have been emancipated, the embodiment of bliss; I am the child of the Lord of the Universe - He has carried me across. ||1||Pause||	ਉਹਨਾਂ ਦੇ ਅੰਦਰ ਆਤਮਕ ਆਨੰਦ ਪੈਦਾ ਹੋ ਜਾਂਦਾ ਹੈ, ਗੋਪਾਲ-ਪ੍ਰਭੂ ਦੇ (ਦਰ ਤੇ ਆਏ ਹੋਏ ਉਹ ਜੀਵ-) ਬੱਚੇ (ਸੰਸਾਰ-ਸਮੁੰਦਰ ਵਿਚ ਡੁੱਬਣ ਤੋਂ) ਬਚ ਗਏ (ਪ੍ਰਭੂ ਦੇ ਦਇਆਲ ਹੋਇਆਂ) ਆਨੰਦ-ਭਰਪੂਰ ਹੋ ਜਾਈਦਾ ਹੈ ॥੧॥ ਰਹਾਉ ॥
22423	499	ਮਿਲਿ ਵਰ ਨਾਰੀ ਮੰਗਲੁ ਗਾਇਆ ਠਾਕੁਰ ਕਾ ਜੈਕਾਰੁ॥		Mil Var Naaree Mangal Gaaeiaa Thaakur Kaa Jaikaar ||	Meeting her Husband, the soul-bride sings the songs of joy, and celebrates her Lord and Master.	ਪ੍ਰਭੂ-ਪਤੀ ਨੂੰ ਮਿਲ ਕੇ ਮੇਰੇ ਗਿਆਨ-ਇੰਦ੍ਰਿਆਂ ਨੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਣਾ ਸ਼ੁਰੂ ਕਰ ਦਿੱਤਾ ਹੈ, ਮਾਲਕ-ਪ੍ਰਭੂ ਦਾ ਜੈ-ਜੈਕਾਰ ਕਰਨਾ ਸ਼ੁਰੂ ਕਰ ਦਿੱਤਾ ਹੈ।
22424	499	ਕਹੁ ਨਾਨਕ ਤਿਸੁ ਗੁਰ ਬਲਿਹਾਰੀ ਜਿਨਿ ਸਭ ਕਾ ਕੀਆ ਉਧਾਰੁ॥੨॥੬॥੧੫॥		Kahu Naanak This Gur Balihaaree Jin Sabh Kaa Keeaa Oudhhaar ||2||6||15||	Says Nanak, I am a sacrifice to the Guru, who has emancipated everyone. ||2||6||15||	ਨਾਨਕ ਆਖਦਾ ਹੈ- (ਇਹ ਸਾਰੀ ਬਰਕਤਿ ਗੁਰੂ ਦੀ ਹੀ ਹੈ) ਮੈਂ ਉਸ ਗੁਰੂ ਤੋਂ ਕੁਰਬਾਨ ਜਾਂਦਾ ਹਾਂ ਜਿਸ ਨੇ (ਸਰਨ ਆਏ) ਸਭ ਜੀਵਾਂ ਦਾ ਪਾਰ-ਉਤਾਰਾ ਕਰ ਦਿੱਤਾ ਹੈ ॥੨॥੬॥੧੫॥
22425	499	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	

22426	499	ਮਾਤ ਪਿਤਾ ਭਾਈ ਸੁਤ ਬੰਧਪ ਤਿਨ ਕਾ ਬਲੁ ਹੈ ਥੋਰਾ॥		Maath Pithaa Bhaaee Suth Bandhhap Thin Kaa Bal Hai Thhoraa ||	Mother, father, siblings, children and relatives - their power is insignificant.	ਮਾਂ, ਪਿਉ, ਭਰਾ, ਪੁੱਤਰ, ਰਿਸ਼ਤੇਦਾਰ-ਇਹਨਾਂ ਦਾ ਆਸਰਾ ਕਮਜ਼ੋਰ ਆਸਰਾ ਹੈ।
22427	499	ਅਨਿਕ ਰੰਗ ਮਾਇਆ ਕੇ ਪੇਖੇ ਕਿਛੁ ਸਾਥਿ ਨ ਚਾਲੈ ਭੋਰਾ॥੧॥		Anik Rang Maaeiaa Kae Paekhae Kishh Saathh N Chaalai Bhoraa ||1||	I have seen the many pleasures of Maya, but none goes with them in the end. ||1||	ਮੈਂ ਮਾਇਆ ਦੇ ਭੀ ਅਨੇਕਾਂ ਰੰਗ-ਤਮਾਸ਼ੇ ਵੇਖ ਲਏ ਹਨ (ਇਹਨਾਂ ਵਿਚੋਂ ਭੀ) ਕੁਝ ਰਤਾ ਭਰ ਭੀ (ਜੀਵ ਦੇ) ਨਾਲ ਨਹੀਂ ਜਾਂਦਾ ॥੧॥
22428	499	ਠਾਕੁਰ ਤੁਝ ਬਿਨੁ ਆਹਿ ਨ ਮੋਰਾ॥		Thaakur Thujh Bin Aahi N Moraa ||	O Lord Master, other than You, no one is mine.	ਹੇ ਮਾਲਕ ਪ੍ਰਭੂ! ਤੈਥੋਂ ਬਿਨਾ ਮੇਰਾ (ਹੋਰ ਕੋਈ ਆਸਰਾ) ਨਹੀਂ ਹੈ।
22429	499	ਮੋਹਿ ਅਨਾਥ ਨਿਰਗੁਨ ਗੁਣੁ ਨਾਹੀ ਮੈ ਆਹਿਓ ਤੁਮ੍ਹਰਾ ਧੋਰਾ॥੧॥ਰਹਾਉ॥		Mohi Anaathh Niragun Gun Naahee Mai Aahiou Thumharaa Dhhoraa ||1|| Rehaao ||	I am a worthless orphan, devoid of merit; I long for Your Support. ||1||Pause||	ਮੈਂ ਨਿਆਸਰੇ ਗੁਣ-ਹੀਨ ਵਿਚ ਕੋਈ ਗੁਣ ਨਹੀਂ ਹੈ। ਮੈਂ ਤੇਰਾ ਹੀ ਆਸਰਾ ਤੱਕਿਆ ਹੈ ॥੧॥ ਰਹਾਉ ॥
22430	499	ਬਲਿ ਬਲਿ ਬਲਿ ਬਲਿ ਚਰਣ ਤੁਮ੍ਹਾਰੇ ਈਹਾ ਊਹਾ ਤੁਮ੍ਹਾਰਾ ਜੋਰਾ॥		Bal Bal Bal Bal Charan Thumhaarae Eehaa Oohaa Thumhaaraa Joraa ||	I am a sacrifice, a sacrifice, a sacrifice to Your lotus feet; here and hereafter, Yours is the only power.	ਹੇ ਪ੍ਰਭੂ! ਮੈਂ ਤੇਰੇ ਚਰਨਾਂ ਤੋਂ ਕੁਰਬਾਨ ਕੁਰਬਾਨ ਕੁਰਬਾਨ ਜਾਂਦਾ ਹਾਂ। ਇਸ ਲੋਕ ਤੇ ਪਰਲੋਕ ਵਿਚ ਮੈਨੂੰ ਤੇਰਾ ਹੀ ਸਹਾਰਾ ਹੈ।

22431	499	ਸਾਧਸੰਗਿ ਨਾਨਕ ਦਰਸੁ ਪਾਇਓ ਬਿਨਸਿਓ ਸਗਲ ਨਿਹੋਰਾ॥੨॥੭॥੧੬॥	(ਨਿਹੋਰਾ) ਮੁਥਾਜੀ	Saadhhasang Naanak Dharas Paaeiou Binasiou Sagal Nihoraa ||2||7||16||	In the Saadh Sangat, the Company of the Holy, Nanak has obtained the Blessed Vision of Your Darshan; my obligations to all others are annulled. ||2||7||16||	ਹੇ ਨਾਨਕ! (ਆਖ-ਜਿਸ ਮਨੁੱਖ ਨੇ) ਸਾਧ ਸੰਗਤਿ ਵਿਚ ਟਿਕ ਕੇ ਪ੍ਰਭੂ ਦਾ ਦਰਸ਼ਨ ਕਰ ਲਿਆ, ਉਸ ਦੀ ਮੁਥਾਜੀ ਖ਼ਤਮ ਹੋ ਗਈ ॥੨॥੭॥੧੬॥
22432	499	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	
22433	499	ਆਲ ਜਾਲ ਭ੍ਰਮ ਮੋਹ ਤਜਾਵੈ ਪ੍ਰਭ ਸੇਤੀ ਰੰਗੁ ਲਾਈ॥	(ਆਲ) ਘਰ (ਜਾਲ) ਜੰਜਾਲ	Aal Jaal Bhram Moh Thajaavai Prabh Saethee Rang Laaee ||	He rids us of entanglements, doubt and emotional attachment, and leads us to love God.	ਹੇ ਮਿੱਤਰ! (ਗੁਰੂ ਸਰਨ ਆਏ ਮਨੁੱਖ ਪਾਸੋਂ) ਘਰ ਦੇ ਜੰਜਾਲ, ਭਟਕਣਾ, ਮੋਹ ਛਡਾ ਦੇਂਦਾ ਹੈ, ਤੇ ਪਰਮਾਤਮਾ ਨਾਲ ਉਸ ਦਾ ਪਿਆਰ ਬਣਾ ਦੇਂਦਾ ਹੈ।
22434	499	ਮਨ ਕਉ ਇਹ ਉਪਦੇਸੁ ਦ੍ਰਿੜਾਵੈ ਸਹਜਿ ਸਹਜਿ ਗੁਣ ਗਾਈ॥੧॥		Man Ko Eih Oupadhaes Dhrirraavai Sehaj Sehaj Gun Gaaee ||1||	He implants this instruction in our minds, for us to sing the Glorious Praises of the Lord, in peace and poise. ||1||	(ਸਰਨ ਆਏ ਮਨੁੱਖ ਦੇ) ਮਨ ਨੂੰ ਇਹ ਸਿੱਖਿਆ ਪੱਕੀ ਕਰ ਕੇ ਦੇਂਦਾ ਹੈ ਕਿ ਸਦਾ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੇ ਗੁਣ ਗਾਂਦਾ ਰਹੁ ॥੧॥
22435	499	ਸਾਜਨ ਐਸੋ ਸੰਤੁ ਸਹਾਈ॥		Saajan Aiso Santh Sehaaee ||	O friend, the Saintly Guru is such a helper.	ਹੇ ਮਿੱਤਰ! ਗੁਰੂ ਇਹੋ ਜਿਹਾ ਮਦਦਗਾਰ ਹੈ,

22436	499	ਜਿਸੁ ਭੇਟੇ ਤੂਟਹਿ ਮਾਇਆ ਬੰਧ ਬਿਸਰਿ ਨ ਕਬਹੂੰ ਜਾਈ॥੧॥ਰਹਾਉ॥	ਤੂੱਟਹਿ	Jis Bhaettae Thoottehi Maaeiaa Bandhh Bisar N Kabehoon Jaaee ||1|| Rehaao ||	Meeting Him, the bonds of Maya are released, and one never forgets the Lord. ||1||Pause||	ਕਿ ਜਿਸ ਮਨੁੱਖ ਨੂੰ (ਗੁਰੂ) ਮਿਲ ਪੈਂਦਾ ਹੈ, ਉਸ ਦੇ ਮਾਇਆ ਦੇ ਬੰਧਨ ਟੁੱਟ ਜਾਂਦੇ ਹਨ, ਉਸ ਨੂੰ ਪਰਮਾਤਮਾ ਕਦੇ ਭੁੱਲਦਾ ਨਹੀਂ ॥੧॥ ਰਹਾਉ ॥
22437	499	ਕਰਤ ਕਰਤ ਅਨਿਕ ਬਹੁ ਭਾਤੀ ਨੀਕੀ ਇਹ ਠਹਰਾਈ॥	(ਨੀਕੀ) ਚੰਗੀ, (ਠਹਰਾਈ) ਨਿਸਚਿਤ ਕੀਤੀ।ਭਾਂਤੀ	Karath Karath Anik Bahu Bhaathee Neekee Eih Theharaaee ||	Practicing, practicing various actions in so many ways, I came to recognize this as the best way.	ਅਨੇਕਾਂ, ਤੇ ਕਈ ਕਿਸਮ ਦੀਆਂ ਸੋਚਾਂ ਵਿਚਾਰਾਂ ਕਰਦਿਆਂ ਕਰਦਿਆਂ ਆਖ਼ਰ ਮੈਂ ਚੰਗਾ ਨਿਸ਼ਚਾ ਦਿਲ ਵਿਚ ਟਿਕਾ ਲਿਆ ਹੈ,
22438	499	ਮਿਲਿ ਸਾਧੂ ਹਰਿ ਜਸੁ ਗਾਵੈ ਨਾਨਕ ਭਵਜਲੁ ਪਾਰਿ ਪਰਾਈ॥੨॥੮॥੧੭॥		Mil Saadhhoo Har Jas Gaavai Naanak Bhavajal Paar Paraaee ||2||8||17||	Joining the Company of the Holy, Nanak sings the Glorious Praises of the Lord, and crosses over the terrifying world-ocean. ||2||8||17||	ਕਿ ਜੇਹੜਾ ਮਨੁੱਖ ਗੁਰੂ ਨੂੰ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦਾ ਰਹਿੰਦਾ ਹੈ, ਹੇ ਨਾਨਕ! (ਆਖ-) ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੨॥੮॥੧੭॥
22439	499	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	

22440	499	ਖਿਨ ਮਹਿ ਥਾਪਿ ਉਥਾਪਨਹਾਰਾ ਕੀਮਤਿ ਜਾਇ ਨ ਕਰੀ॥		Khin Mehi Thhaap Outhhaapanehaara a Keemath Jaae N Karee ||	In an instant, He establishes and disestablishes; His value cannot be described.	ਪਰਮਾਤਮਾ (ਸੰਸਾਰਕ ਪਦਾਰਥਾਂ ਨੂੰ) ਖਿਨ ਵਿਚ ਪੈਦਾ ਕਰ ਕੇ ਖਿਨ ਵਿਚ ਹੀ ਨਾਸ ਕਰਨ ਦੀ ਸਮਰੱਥਾ ਰੱਖਣ ਵਾਲਾ ਹੈ, ਉਸ ਪਰਮਾਤਮਾ ਦੇ ਬਰਾਬਰ ਦੀ ਕਦਰ ਵਾਲਾ ਹੋਰ ਕੋਈ ਦੱਸਿਆ ਨਹੀਂ ਜਾ ਸਕਦਾ।
22441	499	ਰਾਜਾ ਰੰਕੁ ਕਰੈ ਖਿਨ ਭੀਤਰਿ ਨੀਚਹ ਜੋਤਿ ਧਰੀ॥੧॥		Raajaa Rank Karai Khin Bheethar Neecheh Joth Dhharee ||1||	He turns the king into a beggar in an instant, and He infuses splendor into the lowly. ||1||	ਪਰਮਾਤਮਾ ਰਾਜੇ ਨੂੰ ਇਕ ਖਿਨ ਵਿਚ ਕੰਗਾਲ ਬਣਾ ਦੇਂਦਾ ਹੈ ਅਤੇ ਨੀਵਾਂ ਅਖਵਾਣ ਵਾਲੇ ਦੇ ਅੰਦਰ ਆਪਣੀ ਜੋਤਿ ਦਾ ਪ੍ਰਕਾਸ਼ ਕਰ ਦੇਂਦਾ ਹੈ (ਜਿਸ ਕਰਕੇ ਉਹ ਰਾਜਿਆਂ ਵਾਲਾ ਆਦਰ-ਮਾਣ ਪ੍ਰਾਪਤ ਕਰ ਲੈਂਦਾ ਹੈ) ॥੧॥
22442	499	ਧਿਆਈਐ ਅਪਨੋ ਸਦਾ ਹਰੀ॥		Dhhiaaeeai Apano Sadhaa Haree ||	Meditate forever on Your Lord.	ਆਪਣੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਹੀ ਧਿਆਨ ਧਰੀ ਰੱਖਣਾ ਚਾਹੀਦਾ ਹੈ।
22443	499	ਸੋਚ ਅੰਦੇਸਾ ਤਾ ਕਾ ਕਹਾ ਕਰੀਐ ਜਾ ਮਹਿ ਏਕ ਘਰੀ॥੧॥ਰਹਾਉ॥		Soch Andhaesaa Thaa Kaa Kehaa Kareeai Jaa Mehi Eaek Gharee ||1|| Rehaao ||	Why should I feel worry or anxiety, when I am here for only a short time. ||1||Pause||	(ਸੰਸਾਰ ਦੀ) ਉਸ ਚੀਜ਼ ਦਾ ਕੀਹ ਚਿੰਤਾ-ਫ਼ਿਕਰ ਕਰਨਾ ਹੋਇਆ, ਜੇਹੜੀ ਛੇਤੀ ਹੀ ਨਾਸ ਹੋ ਜਾਣ ਵਾਲੀ ਹੈ? ॥੧॥ ਰਹਾਉ ॥

22444	499	ਤੁਮ੍ਰੀ ਟੇਕ ਪੂਰੇ ਮੇਰੇ ਸਤਿਗੁਰ ਮਨ ਸਰਨਿ ਤੁਮ੍ਹਾਰੈ ਪਰੀ॥		Thumharee Ttaek Poorae Maerae Sathigur Man Saran Thumhaarai Paree ||	You are my support, O my Perfect True Guru; my mind has taken to the protection of Your Sanctuary.	ਹੇ ਮੇਰੇ ਸਤਿਗੁਰੂ-ਪ੍ਰਭੂ! ਮੈਨੂੰ ਤੇਰਾ ਹੀ ਆਸਰਾ ਹੈ, ਮੇਰਾ ਮਨ ਤੇਰੀ ਸਰਨ ਆ ਪਿਆ ਹੈ।
22445	499	ਅਚੇਤ ਇਆਨੇ ਬਾਰਿਕ ਨਾਨਕ ਹਮ ਤੁਮ ਰਾਖਹੁ ਧਾਰਿ ਕਰੀ॥੨॥੯॥੧੮॥		Achaeth Eiaanae Baarik Naanak Ham Thum Raakhahu Dhhaar Karee ||2||9||18||	Nanak, I am a foolish and ignorant child; reach out to me with Your hand, Lord, and save me. ||2||9||18||	ਹੇ ਪ੍ਰਭੂ! ਅਸੀਂ ਤੇਰੇ ਬੇ-ਸਮਝ ਅੰਞਾਣ ਬੱਚੇ ਹਾਂ, ਹੇ ਨਾਨਕ! (ਆਖ-) ਤੂੰ ਆਪਣਾ ਹੱਥ (ਸਾਡੇ ਸਿਰ ਉੱਤੇ) ਧਰ ਕੇ (ਸਾਨੂੰ ਸੰਸਾਰਕ ਪਦਾਰਥਾਂ ਦੇ ਮੋਹ ਤੋਂ) ਬਚਾ ਲੈ ॥੨॥੯॥੧੮॥
22446	499	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	
22447	499	ਤੂੰ ਦਾਤਾ ਜੀਆ ਸਭਨਾ ਕਾ ਬਸਹੁ ਮੇਰੇ ਮਨ ਮਾਹੀ॥		Thoon Dhaathaa Jeeaa Sabhanaa Kaa Basahu Maerae Man Maahee ||	You are the Giver of all beings; please, come to dwell within my mind.	ਹੇ ਪ੍ਰਭੂ! ਤੂੰ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈਂ (ਮੇਹਰ ਕਰ) ਮੇਰੇ ਮਨ ਵਿਚ (ਸਦਾ) ਵੱਸਿਆ ਰਹੁ।
22448	499	ਚਰਣਕਮਲ ਰਿਦ ਮਾਹਿ ਸਮਾਏ ਤਹ ਭਰਮੁ ਅੰਧੇਰਾ ਨਾਹੀ॥੧॥		Charan Kamal Ridh Maahi Samaaeae Theh Bharam Andhhaeraa Naahee ||1||	That heart, within which Your lotus feet are enshrined, suffers no darkness or doubt. ||1||	(ਹੇ ਪ੍ਰਭੂ!) ਤੇਰੇ ਸੋਹਣੇ ਕੋਮਲ ਚਰਨ ਜਿਸ ਹਿਰਦੇ ਵਿਚ ਟਿਕੇ ਰਹਿੰਦੇ ਹਨ, ਉਸ ਵਿਚ ਭਟਕਣਾ ਨਹੀਂ ਰਹਿੰਦੀ, ਉਸ ਵਿਚ ਮਾਇਆ ਦੇ ਮੋਹ ਦਾ ਹਨੇਰਾ ਨਹੀਂ ਰਹਿੰਦਾ ॥੧॥

22449	499	ਠਾਕੁਰ ਜਾ ਸਿਮਰਾ ਤੂੰ ਤਾਹੀ॥		Thaakur Jaa Simaraa Thoon Thaahee ||	O Lord Master, wherever I remember You, there I find You.	ਹੇ ਮੇਰੇ ਮਾਲਕ! ਮੈਂ ਜਦੋਂ (ਜਿੱਥੇ) ਤੈਨੂੰ ਯਾਦ ਕਰਦਾ ਹਾਂ ਤੂੰ ਉੱਥੇ ਹੀ (ਆ ਪਹੁੰਚਦਾ ਹੈਂ)।
22450	499	ਕਰਿ ਕਿਰਪਾ ਸਰਬ ਪ੍ਰਤਿਪਾਲਕ ਪ੍ਰਭ ਕਉ ਸਦਾ ਸਲਾਹੀ॥੧॥ਰਹਾਉ॥		Kar Kirapaa Sarab Prathipaalak Prabh Ko Sadhaa Salaahee ||1|| Rehaao ||	Show Mercy to me, O God, Cherisher of all, that I may sing Your Praises forever. ||1||Pause||	ਹੇ ਸਭ ਜੀਵਾਂ ਦੀ ਪਾਲਣਾ ਕਰਨ ਵਾਲੇ! (ਮੇਰੇ ਉਤੇ) ਮੇਹਰ ਕਰ, ਮੈਂ ਸਦਾ ਤੇਰੀ ਹੀ ਸਿਫ਼ਤਿ-ਸਾਲਾਹ ਕਰਦਾ ਰਹਾਂ ॥੧॥ ਰਹਾਉ ॥
22451	499	ਸਾਸਿ ਸਾਸਿ ਤੇਰਾ ਨਾਮੁ ਸਮਾਰਉ ਤੁਮ ਹੀ ਕਉ ਪ੍ਰਭ ਆਹੀ॥		Saas Saas Thaeraa Naam Samaaro Thum Hee Ko Prabh Aahee ||	With each and every breath, I contemplate Your Name; O God, I long for You alone.	ਹੇ ਪ੍ਰਭੂ! (ਮੇਹਰ ਕਰ) ਮੈਂ ਹਰੇਕ ਸਾਹ ਦੇ ਨਾਲ ਤੇਰਾ ਨਾਮ (ਆਪਣੇ ਹਿਰਦੇ ਵਿਚ) ਸਾਂਭ ਰੱਖਾਂ, ਮੈਂ ਸਦਾ ਤੇਰੇ ਹੀ ਮਿਲਾਪ ਦੀ ਤਾਂਘ ਕਰਦਾ ਰਹਾਂ।
22452	499	ਨਾਨਕ ਟੇਕ ਭਈ ਕਰਤੇ ਕੀ ਹੋਰ ਆਸ ਬਿਡਾਣੀ ਲਾਹੀ॥੨॥੧੦॥੧੯॥	(ਬਿਡਾਣੀ) ਧੋਖਾ ਦੇਣ ਦੀ ਕਿਰਿਆ	Naanak Ttaek Bhee Karathae Kee Hor Aas Biddaanee Laahee ||2||10||19||	O Nanak, my support is the Creator Lord; I have renounced all other hopes. ||2||10||19||	ਹੇ ਨਾਨਕ! (ਜਿਸ ਮਨੁੱਖ ਦੇ ਹਿਰਦੇ ਵਿਚ) ਕਰਤਾਰ ਦਾ ਸਹਾਰਾ ਬਣ ਗਿਆ, ਉਸ ਨੇ ਹੋਰ ਬਿਗਾਨੀ ਆਸ ਦੂਰ ਕਰ ਦਿੱਤੀ ॥੨॥੧੦॥੧੯॥
22453	500	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	

22454	500	ਕਰਿ ਕਿਰਪਾ ਅਪਨਾ ਦਰਸੁ ਦੀਜੈ ਜਸੁ ਗਾਵਉ ਨਿਸਿ ਅਰੁ ਭੋਰ॥	(ਭੋਰ) ਸਵੇਰੇ	Kar Kirapaa Apanaa Dharas Dheejai Jas Gaavo Nis Ar Bhor ||	Show Mercy to me, and grant me the Blessed Vision of Your Darshan. I sing Your Praises night and day.	ਹੇ ਮੇਰੇ ਮਾਲਕ! ਮੇਹਰ ਕਰ, ਮੈਨੂੰ ਆਪਣਾ ਦਰਸਨ ਦੇਹ, ਮੈਂ ਦਿਨ ਰਾਤ ਤੇਰੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦਾ ਰਹਾਂ।
22455	500	ਕੇਸ ਸੰਗਿ ਦਾਸ ਪਗ ਝਾਰਉ ਇਹੈ ਮਨੋਰਥ ਮੋਰ॥੧॥	ਪਗ:ਪੋਲਾ ਬੋਲੋ	Kaes Sang Dhaas Pag Jhaaro Eihai Manorathh Mor ||1||	With my hair, I wash the feet of Your slave; this is my life's purpose. ||1||	ਆਪਣੇ ਕੇਸਾਂ ਨਾਲ ਮੈਂ ਤੇਰੇ ਸੇਵਕਾਂ ਦੇ ਪੈਰ ਝਾੜਦਾ ਰਹਾਂ- ਬੱਸ! ਇਹ ਹੀ ਮੇਰੇ ਮਨ ਦੀ ਤਾਂਘ ਹੈ ॥੧॥
22456	500	ਠਾਕੁਰ ਤੁਝ ਬਿਨੁ ਬੀਆ ਨ ਹੋਰ॥	(ਬਿਆ) ਦੂਜਾ	Thaakur Thujh Bin Beeaa N Hor ||	O Lord and Master, without You, there is no other at all.	ਹੇ ਮੇਰੇ ਮਾਲਕ! ਤੈਥੋਂ ਬਿਨਾ ਮੇਰਾ ਕੋਈ ਹੋਰ ਆਸਰਾ ਨਹੀਂ ਹੈ।
22457	500	ਚਿਤਿ ਚਿਤਵਉ ਹਰਿ ਰਸਨ ਅਰਾਧਉ ਨਿਰਖਉ ਤੁਮਰੀ ਓਰ॥੧॥ਰਹਾਉ॥	(ਨਿਰਖਉ) ਦੇਖਣਾ	Chith Chithavo Har Rasan Araadhho Nirakho Thumaree Our ||1|| Rehaao ||	O Lord, in my mind I remain conscious of You; with my tongue I worship You, and with my eyes, I gaze upon You. ||1||Pause||	ਹੇ ਹਰੀ! ਮੈਂ ਆਪਣੇ ਚਿੱਤ ਵਿਚ ਤੈਨੂੰ ਹੀ ਯਾਦ ਕਰਦਾ ਹਾਂ, ਜੀਭ ਨਾਲ ਤੇਰੀ ਹੀ ਆਰਾਧਨਾ ਕਰਦਾ ਹਾਂ, (ਤੇ ਸਦਾ ਸਹਾਇਤਾ ਲਈ) ਤੇਰੇ ਵਲ ਹੀ ਤੱਕਦਾ ਰਹਿੰਦਾ ਹਾਂ ॥੧॥ ਰਹਾਉ ॥
22458	500	ਦਇਆਲ ਪੁਰਖ ਸਰਬ ਕੇ ਠਾਕੁਰ ਬਿਨਉ ਕਰਉ ਕਰ ਜੋਰਿ॥	(ਕਰ) ਹੱਥ	Dhaeiaal Purakh Sarab Kae Thaakur Bino Karo Kar Jor ||	O Merciful Lord, O Lord and Master of all, with my palms pressed together I pray to You.	ਹੇ ਦਇਆ ਦੇ ਘਰ! ਹੇ ਸਰਬ-ਵਿਆਪਕ! ਹੇ ਸਭਨਾਂ ਦੇ ਮਾਲਕ! ਮੈਂ ਦੋਵੇਂ ਹੱਥ ਜੋੜ ਕੇ ਤੇਰੇ ਅੱਗੇ ਬੇਨਤੀ ਕਰਦਾ ਹਾਂ,

22459	500	ਨਾਮੁ ਜਪੈ ਨਾਨਕੁ ਦਾਸੁ ਤੁਮਰੋ ਉਧਰਸਿ ਆਖੀ ਫੋਰ॥੨॥੧੧॥੨੦॥	(ਉਧਰਸਿ) ਪਾਰ ਲੰਘ ਜਾਣਾ	Naam Japai Naanak Dhaas Thumaro Oudhharas Aakhee For ||2||11||20||	Nanak, Your slave, chants Your Name, and is redeemed in the twinkling of an eye. ||2||11||20||	(ਮੇਹਰ ਕਰ) ਤੇਰਾ ਦਾਸ ਨਾਨਕ (ਸਦਾ ਤੇਰਾ) ਨਾਮ ਜਪਦਾ ਰਹੇ। (ਜੇਹੜਾ) ਮਨੁੱਖ ਤੇਰਾ ਨਾਮ ਜਪਦਾ ਰਹੇਗਾ ਉਹ (ਸੰਸਾਰ-ਸਮੁੰਦਰ ਵਿਚੋਂ) ਅੱਖ ਝਮਕਣ ਜਿਤਨੇ ਸਮੇ ਵਿਚ ਬਚ ਨਿਕਲੇਗਾ ॥੨॥੧੧॥੨੦॥
22460	500	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	
22461	500	ਬ੍ਰਹਮ ਲੋਕ ਅਰੁ ਰੁਦ੍ਰ ਲੋਕ ਆਈ ਇੰਦ੍ਰ ਲੋਕ ਤੇ ਧਾਇ॥	(ਧਾਇ) ਦੌੜ ਕੇ	Breham Lok Ar Rudhr Lok Aaee Eindhr Lok Thae Dhhaae ||	Overwhelming the realm of Brahma, the realm of Shiva and the realm of Indra, Maya has come running here.	(ਮਾਇਆ ਬ੍ਰਹਮਾ ਸ਼ਿਵ ਇੰਦ੍ਰ ਆਦਿਕ ਦੇਵਤਿਆਂ ਉਤੇ ਭੀ ਆਪਣਾ (ਪ੍ਰਭਾਵ ਪਾ ਕੇ) ਬ੍ਰਹਮ-ਪੁਰੀ, ਸ਼ਿਵ-ਪੁਰੀ ਅਤੇ ਇੰਦ੍ਰ-ਪੁਰੀ ਤੋਂ ਹੱਲਾ ਕਰ ਕੇ (ਸੰਸਾਰਕ ਜੀਵਾਂ ਵਲ) ਆਈ ਹੈ।
22462	500	ਸਾਧਸੰਗਤਿ ਕਉ ਜੋਹਿ ਨ ਸਾਕੈ ਮਲਿ ਮਲਿ ਧੋਵੈ ਪਾਇ॥੧॥	(ਜੋਹਿ) ਦੇਖਦੇ ਹਨ	Saadhhasangath Ko Johi N Saakai Mal Mal Dhhovai Paae ||1||	But she cannot touch the Saadh Sangat, the Company of the Holy; she washes and massages their feet. ||1||	(ਪਰ) ਸਾਧ ਸੰਗਤਿ ਵਲ (ਤਾਂ ਇਹ ਮਾਇਆ) ਤੱਕ ਭੀ ਨਹੀਂ ਸਕਦੀ, (ਇਹ ਮਾਇਆ ਸਤਸੰਗੀਆਂ ਦੇ) ਪੈਰ ਮਲ ਮਲ ਕੇ ਧੋਂਦੀ ਹੈ ॥੧॥
22463	500	ਅਬ ਮੋਹਿ ਆਇ ਪਰਿਓ ਸਰਨਾਇ॥		Ab Mohi Aae Pariou Saranaae ||	Now, I have come and entered the Lord's Sanctuary.	(ਸੰਸਾਰ ਨੂੰ ਮਾਇਆ ਦੀ ਤ੍ਰਿਸ਼ਨਾ ਦੀ ਅੱਗ ਵਿਚ ਸੜਦਿਆਂ ਵੇਖ ਕੇ) ਹੁਣ ਮੈਂ (ਆਪਣੇ ਸਤਿਗੁਰੂ ਦੀ) ਸਰਨ ਆ ਪਿਆ ਹਾਂ।

22464	500	ਗੁਹਜ ਪਾਵਕੋ ਬਹੁਤੁ ਪ੍ਰਜਾਰੈ ਮੋਕਉ ਸਤਿਗੁਰਿ ਦੀਓ ਹੈ ਬਤਾਇ॥੧॥ਰਹਾਉ॥	(ਗੁਹਜੀ) ਗੁੱਝੀ, (ਪਾਵਕੋ) ਅੱਗ, (ਪ੍ਰ + ਜਾਰੈ) (ਪ੍ਰ) ਵਿਸ਼ੇਸ਼ ਕਰਕੇ (ਜਾਰੈ) ਸਾੜਦੀ ਹੈ	Guhaj Paavako Bahuth Prajaarai Mo Ko Sathigur Dheeou Hai Bathaae ||1|| Rehaao ||	This awful fire has burned so many; the True Guru has cautioned me about it. ||1||Pause||	(ਤ੍ਰਿਸ਼ਨਾ ਦੀ) ਗੁੱਝੀ ਅੱਗ (ਸੰਸਾਰ ਨੂੰ) ਬਹੁਤ ਬੁਰੀ ਤਰ੍ਹਾਂ ਸਾੜ ਰਹੀ ਹੈ (ਇਸ ਤੋਂ ਬਚਣ ਲਈ) ਗੁਰੂ ਨੇ ਮੈਨੂੰ (ਤਰੀਕਾ) ਦੱਸ ਦਿੱਤਾ ਹੈ ॥੧॥ ਰਹਾਉ ॥
22465	500	ਸਿਧ ਸਾਧਿਕ ਅਰੁ ਜਖ੍ਯ ਕਿੰਨਰ ਨਰ ਰਹੀ ਕੰਠਿ ਉਰਝਾਇ॥	(ਉਰਝਾਇ) ਫਸੇ	Sidhh Saadhhik Ar Jakhy Kinnar Nar Rehee Kanth Ourajhaae ||	It clings to the necks of the Siddhas, and the seekers, the demi-gods, angels and mortals.	ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਜੋਗ-ਸਾਧਨ ਕਰਨ ਵਾਲੇ ਸਾਧੂ, ਜਖਜਜ, ਕਿੰਨਰ, ਮਨੁੱਖ- ਇਹਨਾਂ ਸਭਨਾਂ ਦੇ ਗਲ਼ ਨਾਲ ਮਾਇਆ ਚੰਬੜੀ ਰਹਿੰਦੀ ਹੈ।
22466	500	ਜਨ ਨਾਨਕ ਅੰਗੁ ਕੀਆ ਪ੍ਰਭਿ ਕਰਤੈ ਜਾ ਕੈ ਕੋਟਿ ਐਸੀ ਦਾਸਾਇ॥੨॥੧੨॥੨੧॥		Jan Naanak Ang Keeaa Prabh Karathai Jaa Kai Kott Aisee Dhaasaae ||2||12||21||	Servant Nanak has the support of God the Creator, who has millions of slaves like her. ||2||12||21||	ਪਰ, ਹੇ ਨਾਨਕ! ਆਪਣੇ ਦਾਸਾਂ ਦਾ ਪੱਖ ਉਸ ਪ੍ਰਭੂ ਨੇ ਉਸ ਕਰਤਾਰ ਨੇ ਕੀਤਾ ਹੋਇਆ ਹੈ ਜਿਸ ਦੇ ਦਰ ਤੇ ਇਹੋ ਜਿਹੀਆਂ (ਇਸ ਮਾਇਆ ਜਿਹੀਆਂ) ਕ੍ਰੋੜਾਂ ਹੀ ਦਾਸੀਆਂ ਹਨ ॥੨॥੧੨॥੨੧॥
22467	500	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	

22468	500	ਅਪਜਸੁ ਮਿਟੈ ਹੋਵੈ ਜਗਿ ਕੀਰਤਿ ਦਰਗਹ ਬੈਸਣੁ ਪਾਈਐ॥	(ਅਪਜਸੁ) ਬਦਨਾਮੀ	Apajas Mittai Hovai Jag Keerath Dharageh Baisan Paaeeai ||	His bad reputation is erased, he is acclaimed all over the world, and he obtains a seat in the Court of the Lord.	(ਸਿਮਰਨ ਦੀ ਬਰਕਤਿ ਨਾਲ ਮਨੁੱਖ ਦੀ ਪਹਿਲੀ) ਬਦਨਾਮੀ ਮਿਟ ਜਾਂਦੀ ਹੈ, ਜਗਤ ਵਿਚ ਸੋਭਾ ਹੋਣ ਲੱਗ ਪੈਂਦੀ ਹੈ, ਤੇ ਪਰਮਾਤਮਾ ਦੀ ਦਰਗਾਹ ਵਿਚ ਬੈਠਣ ਲਈ ਥਾਂ ਮਿਲ ਜਾਂਦਾ ਹੈ।
22469	500	ਜਮ ਕੀ ਤ੍ਰਾਸ ਨਾਸ ਹੋਇ ਖਿਨ ਮਹਿ ਸੁਖ ਅਨਦ ਸੇਤੀ ਘਰਿ ਜਾਈਐ॥੧॥	(ਤ੍ਰਾਸ) ਡਰ	Jam Kee Thraas Naas Hoe Khin Mehi Sukh Anadh Saethee Ghar Jaaeeai ||1||	The fear of death is removed in an instant, and he goes to the Lord's House in peace and bliss. ||1||	(ਸਿਮਰਨ ਦੀ ਸਹਾਇਤਾ ਨਾਲ) ਮੌਤ ਦਾ ਸਹਮ ਇਕ ਖਿਨ ਵਿਚ ਮੁੱਕ ਜਾਂਦਾ ਹੈ, ਸੁਖ ਅਨੰਦ ਨਾਲ ਪ੍ਰਭੂ-ਚਰਨਾਂ ਵਿਚ ਪਹੁੰਚ ਜਾਈਦਾ ਹੈ ॥੧॥
22470	500	ਜਾ ਤੇ ਘਾਲ ਨ ਬਿਰਥੀ ਜਾਈਐ॥		Jaa Thae Ghaal N Birathhee Jaaeeai ||	His works do not go in vain.	ਜਿਸ (ਸਿਮਰਨ) ਦੀ ਬਰਕਤਿ ਨਾਲ ਮਨੁੱਖ ਦੀ ਮੇਹਨਤ ਵਿਅਰਥ ਨਹੀਂ ਜਾਂਦੀ,
22471	500	ਆਠ ਪਹਰ ਸਿਮਰਹੁ ਪ੍ਰਭੁ ਅਪਨਾ ਮਨਿ ਤਨਿ ਸਦਾ ਧਿਆਈਐ॥੧॥ਰਹਾਉ॥		Aath Pehar Simarahu Prabh Apanaa Man Than Sadhaa Dhhiaaeeai ||1|| Rehaao ||	Twenty-four hours a day, remember your God in meditation; meditate on Him continually in your mind and body. ||1||Pause||	ਅੱਠੇ ਪਹਰ ਆਪਣੇ ਪ੍ਰਭੂ ਦਾ ਸਿਮਰਨ ਕਰਦੇ ਰਹੋ। ਮਨ ਵਿਚ ਹਿਰਦੇ ਵਿਚ ਸਦਾ ਪ੍ਰਭੂ ਦਾ ਧਿਆਨ ਧਰਨਾ ਚਾਹੀਦਾ ਹੈ ॥੧॥ ਰਹਾਉ ॥

22472	500	ਮੋਹਿ ਸਰਨਿ ਦੀਨ ਦੁਖਭੰਜਨ ਤੂੰ ਦੇਹਿ ਸੋਈ ਪ੍ਰਭ ਪਾਈਐ॥		Mohi Saran Dheen Dhukh Bhanjan Thoon Dhaehi Soee Prabh Paaeeai ||	I seek Your Sanctuary, O Destroyer of the pains of the poor; whatever You give me, God, that is what I receive.	ਹੇ ਦੀਨਾਂ ਦੇ ਦੁੱਖ ਨਾਸ ਕਰਨ ਵਾਲੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ। ਜੋ ਕੁਝ ਤੂੰ ਆਪ ਦੇਂਦਾ ਹੈਂ ਜੀਵਾਂ ਨੂੰ ਉਹੀ ਕੁਝ ਮਿਲ ਸਕਦਾ ਹੈ।
22473	500	ਚਰਣਕਮਲ ਨਾਨਕ ਰੰਗਿ ਰਾਤੇ ਹਰਿ ਦਾਸਹ ਪੈਜ ਰਖਾਈਐ॥੨॥੧੩॥੨੨॥		Charan Kamal Naanak Rang Raathae Har Dhaaseh Paij Rakhaaeeai ||2||13||22||	Nanak is imbued with the love of Your lotus feet; O Lord, please preserve the honor of Your slave. ||2||13||22||	ਹੇ ਨਾਨਕ! (ਆਖ-) ਤੇਰੇ ਦਾਸ ਤੇਰੇ ਸੋਹਣੇ ਕੋਮਲ ਚਰਨਾਂ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਤੂੰ ਆਪਣੇ ਦਾਸਾਂ ਦੀ ਇੱਜ਼ਤ ਆਪ ਰੱਖਦਾ ਹੈਂ ॥੨॥੧੩॥੨੨॥
22474	500	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	
22475	500	ਬਿਸ੍ਵੰਭਰ ਜੀਅਨ ਕੋ ਦਾਤਾ ਭਗਤਿ ਭਰੇ ਭੰਡਾਰ॥	ਬਿਸੁਅੰ-ਭਰ	Bisvanbhar Jeean Ko Dhaathaa Bhagath Bharae Bhanddaar ||	The all-sustaining Lord is the Giver of all beings; His devotional worship is an overflowing treasure.	ਹੇ ਮਨ! ਉਹ ਪਰਮਾਤਮਾ ਸਾਰੇ ਜਗਤ ਨੂੰ ਪਾਲਣ ਵਾਲਾ ਹੈ, ਉਹ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ, ਉਸ ਦੇ ਖ਼ਜ਼ਾਨੇ ਭਗਤੀ (ਦੇ ਧਨ) ਨਾਲ ਭਰੇ ਪਏ ਹਨ।
22476	500	ਜਾ ਕੀ ਸੇਵਾ ਨਿਫਲ ਨ ਹੋਵਤ ਖਿਨ ਮਹਿ ਕਰੇ ਉਧਾਰ॥੧॥		Jaa Kee Saevaa Nifal N Hovath Khin Mehi Karae Oudhhaar ||1||	Service to Him is not wasted; in an instant, He emancipates. ||1||	ਉਸ ਪਰਮਾਤਮਾ ਦੀ ਕੀਤੀ ਹੋਈ ਸੇਵਾ ਭਗਤੀ ਵਿਅਰਥ ਨਹੀਂ ਜਾਂਦੀ, (ਸੇਵਾ-ਭਗਤੀ ਕਰਨ ਵਾਲੇ ਦਾ) ਉਹ ਇਕ ਖਿਨ ਵਿਚ (ਸੰਸਾਰ-ਸਮੁੰਦਰ ਤੋਂ) ਪਾਰ-ਉਤਾਰਾ ਕਰ ਦੇਂਦਾ ਹੈ ॥੧॥

22477	500	ਮਨ ਮੇਰੇ ਚਰਨਕਮਲ ਸੰਗਿ ਰਾਚੁ॥		Man Maerae Charan Kamal Sang Raach ||	O my mind, immerse yourself in the Lord's lotus feet.	ਹੇ ਮੇਰੇ ਮਨ! ਤੂੰ ਉਸ ਦੇ ਸੋਹਣੇ ਕੋਮਲ ਚਰਨਾਂ ਨਾਲ ਪਿਆਰ ਕਰਿਆ ਕਰ,
22478	500	ਸਗਲ ਜੀਅ ਜਾ ਕਉ ਆਰਾਧਹਿ ਤਾਹੂ ਕਉ ਤੂੰ ਜਾਚੁ॥੧॥ਰਹਾਉ॥		Sagal Jeea Jaa Ko Aaraadhhehi Thaahoo Ko Thoon Jaach ||1|| Rehaao ||	Seek from Him, who is worshipped by all beings. ||1||Pause||	ਜਿਸ ਨੂੰ (ਸੰਸਾਰ ਦੇ) ਸਾਰੇ ਜੀਵ ਆਰਾਧਦੇ ਹਨ, ਤੂੰ ਉਸ ਦੇ ਹੀ ਦਰ ਤੋਂ ਮੰਗਿਆ ਕਰ ॥੧॥ ਰਹਾਉ ॥
22479	500	ਨਾਨਕ ਸਰਣਿ ਤੁਮ੍ਹਾਰੀ ਕਰਤੇ ਤੂੰ ਪ੍ਰਭ ਪ੍ਰਾਨ ਅਧਾਰ॥		Naanak Saran Thumhaaree Karathae Thoon Prabh Praan Adhhaar ||	Nanak has entered Your Sanctuary, O Creator Lord; You, O God, are the support of my breath of life.	ਹੇ ਨਾਨਕ! (ਆਖ-) ਹੇ ਕਰਤਾਰ! ਹੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ, ਤੂੰ ਹੀ ਮੇਰੀ ਜਿੰਦ ਦਾ ਆਸਰਾ ਹੈਂ।
22480	500	ਹੋਇ ਸਹਾਈ ਜਿਸੁ ਤੂੰ ਰਾਖਹਿ ਤਿਸੁ ਕਹਾ ਕਰੇ ਸੰਸਾਰੁ॥੨॥੧੪॥੨੩॥		Hoe Sehaaee Jis Thoon Raakhehi This Kehaa Karae Sansaar ||2||14||23||	He who is protected by You, O Helper Lord - what can the world do to him? ||2||14||23||	ਮਦਦਗਾਰ ਬਣ ਕੇ ਜਿਸ ਮਨੁੱਖ ਦੀ ਤੂੰ ਰਾਖੀ ਕਰਦਾ ਹੈਂ, ਸਾਰਾ ਜਗਤ (ਭੀ ਜੇ ਉਸ ਦਾ ਵੈਰੀ ਬਣ ਜਾਏ ਤਾਂ) ਉਸ ਦਾ ਕੁਝ ਭੀ ਵਿਗਾੜ ਨਹੀਂ ਸਕਦਾ ॥੨॥੧੪॥੨੩॥
22481	500	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	
22482	500	ਜਨ ਕੀ ਪੈਜ ਸਵਾਰੀ ਆਪ॥		Jan Kee Paij Savaaree Aap ||	The Lord Himself has protected the honor of His humble servant.	ਪਰਮਾਤਮਾ ਆਪਣੇ ਸੇਵਕ ਦੀ ਇੱਜ਼ਤ ਆਪ ਵਧਾਂਦਾ ਹੈ।

22483	500	ਹਰਿ ਹਰਿ ਨਾਮੁ ਦੀਓ ਗੁਰਿ ਅਵਖਧੁ ਉਤਰਿ ਗਇਓ ਸਭੁ ਤਾਪ॥੧॥ਰਹਾਉ॥	(ਅਵਖਧੁ) ਦਵਾਈ	Har Har Naam Dheeou Gur Avakhadhh Outhar Gaeiou Sabh Thaap ||1|| Rehaao ||	The Guru has given the medicine of the Lord's Name, Har, Har, and all afflictions are gone. ||1||Pause||	(ਪਰਮਾਤਮਾ ਦਾ ਨਾਮ ਦਵਾਈ ਹੈ) ਗੁਰੂ ਨੇ ਜਿਸ ਮਨੁੱਖ ਨੂੰ ਹਰਿ-ਨਾਮ ਦੀ ਦਵਾਈ ਦੇ ਦਿੱਤੀ, ਉਸ ਦਾ ਹਰੇਕ ਕਿਸਮ ਦਾ ਤਾਪ (ਦੁੱਖ-ਕਲੇਸ਼) ਦੂਰ ਹੋ ਗਿਆ ॥੧॥ ਰਹਾਉ ॥
22484	500	ਹਰਿ ਗੋਬਿੰਦੁ ਰਖਿਓ ਪਰਮੇਸਰਿ ਅਪਨੀ ਕਿਰਪਾ ਧਾਰਿ॥		Harigobindh Rakhiou Paramaesar Apunee Kirapaa Dhhaar ||	The Transcendent Lord, in His Mercy, has preserved Har Gobind.	(ਕਮਜ਼ੋਰ-ਦਿਲ ਲੋਕ ਦੇਵੀ ਦੀ ਪੂਜਾ ਨੂੰ ਤੁਰ ਪੈਂਦੇ ਹਨ, ਪਰ ਵੇਖੋ! (ਪਰਮਾਤਮਾ ਨੇ ਮੇਹਰ ਕਰ ਕੇ ਹਰਿ ਗੋਬਿੰਦ (ਜੀ) ਨੂੰ ਆਪ (ਚੇਚਕ ਦੇ ਤਾਪ ਤੋਂ) ਬਚਾ ਲਿਆ।
22485	500	ਮਿਟੀ ਬਿਆਧਿ ਸਰਬ ਸੁਖ ਹੋਏ ਹਰਿ ਗੁਣ ਸਦਾ ਬੀਚਾਰਿ॥੧॥	ਮਿਟੀ:ਪੋਲਾ ਬੋਲੋ। (ਬਿਆਧਿ) ਸ਼ਰੀਰਕ ਰੋਗ।	Mittee Biaadhh Sarab Sukh Hoeae Har Gun Sadhaa Beechaar ||1||	The disease is over, and there is joy all around; we ever contemplate the Glories of God. ||1||	ਪਰਮਾਤਮਾ ਦੇ ਗੁਣਾਂ ਨੂੰ ਮਨ ਵਿਚ ਟਿਕਾ ਕੇ ਹਰੇਕ ਰੋਗ ਦੂਰ ਹੋ ਜਾਂਦਾ ਹੈ, ਸਾਰੇ ਸੁਖ ਹੀ ਸੁਖ ਪ੍ਰਾਪਤ ਹੋ ਜਾਂਦੇ ਹਨ ॥੧॥
22486	500	ਅੰਗੀਕਾਰੁ ਕੀਓ ਮੇਰੈ ਕਰਤੈ ਗੁਰ ਪੂਰੇ ਕੀ ਵਡਿਆਈ॥		Angeekaar Keeou Maerai Karathai Gur Poorae Kee Vaddiaaee ||	My Creator Lord has made me His own; such is the glorious greatness of the Perfect Guru.	ਮੇਰੇ ਕਰਤਾਰ ਨੇ (ਡੋਲਣ ਤੋਂ ਬਚਾ ਕੇ ਮੈਨੂੰ) ਆਪਣੇ ਚਰਨਾਂ ਵਿਚ ਜੋੜੀ ਰੱਖਿਆ-ਇਹ ਸਾਰੀ ਪੂਰੇ ਗੁਰੂ ਦੀ ਵਡਿਆਈ (ਦਾ ਸਦਕਾ) ਸੀ।

22487	500	ਅਬਿਚਲ ਨੀਵ ਧਰੀ ਗੁਰ ਨਾਨਕ ਨਿਤ ਨਿਤ ਚੜੈ ਸਵਾਈ॥੨॥੧੫॥੨੪॥	(ਅਬਿਚਲ) ਨ ਹਿੱਲਣ ਵਾਲੀ। ਚੜ੍ਹੈ	Abichal Neev Dhharee Gur Naanak Nith Nith Charrai Savaaee ||2||15||24||	Guru Nanak laid the immovable foundation, which grows higher and higher each day. ||2||15||24||	ਗੁਰੂ ਦੀ ਰੱਖੀ ਹੋਈ ਹਰਿ-ਨਾਮ ਸਿਮਰਨ ਦੀ ਨੀਂਹ ਕਦੇ ਡੋਲਣ ਵਾਲੀ ਨਹੀਂ ਹੈ। ਹੇ ਨਾਨਕ! (ਆਖ-) (ਇਹ ਨੀਂਹ ਜਿਸ ਹਿਰਦੇ-ਧਰਤੀ ਵਿਚ ਰੱਖੀ ਜਾਂਦੀ ਹੈ, ਉਥੇ) ਸਦਾ ਹੀ ਵਧਦੀ ਜਾਂਦੀ ਹੈ ॥੨॥੧੫॥੨੪॥
22488	500	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	
22489	500	ਕਬਹੂ ਹਰਿ ਸਿਉ ਚੀਤੁ ਨ ਲਾਇਓ॥		Kabehoo Har Sio Cheeth N Laaeiou ||	You never focused your consciousness on the Lord.	(ਮਾਇਆ-ਮੋਹਿਆ ਜੀਵ) ਕਦੇ ਆਪਣਾ ਮਨ ਪਰਮਾਤਮਾ (ਦੇ ਚਰਨਾਂ) ਨਾਲ ਨਹੀਂ ਜੋੜਦਾ।
22490	501	ਧੰਧਾ ਕਰਤ ਬਿਹਾਨੀ ਅਉਧਹਿ ਗੁਣ ਨਿਧਿ ਨਾਮੁ ਨ ਗਾਇਓ॥੧॥ਰਹਾਉ ॥	(ਬਿਹਾਨੀ) ਬੀਤ ਗਈ, (ਅਉਧਹਿ) ਉਮਰ	Dhhandhhaa Karath Bihaanee Aoudhhehi Gun Nidhh Naam N Gaaeiou ||1|| Rehaao ||	You have spent your life engaged in worldly pursuits; you have not sung the Glorious Praises of the treasure of the Naam. ||1||Pause||	(ਮਾਇਆ ਦੀ ਖ਼ਾਤਰ) ਦੌੜ-ਭੱਜ ਕਰਦਿਆਂ (ਇਸ ਦੀ) ਉਮਰ ਗੁਜ਼ਰ ਜਾਂਦੀ ਹੈ ਸਾਰੇ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦਾ ਨਾਮ ਨਹੀਂ ਜਪਦਾ ॥੧॥ ਰਹਾਉ ॥
22491	501	ਕਉਡੀ ਕਉਡੀ ਜੋਰਤ ਕਪਟੇ ਅਨਿਕ ਜੁਗਤਿ ਕਰਿ ਧਾਇਓ॥		Kouddee Kouddee Jorath Kapattae Anik Jugath Kar Dhhaaeiou ||	Shell by shell, you accumulate money; in various ways, you work for this.	ਠੱਗੀ ਨਾਲ ਇਕ ਇਕ ਕੌਡੀ ਕਰ ਕੇ ਮਾਇਆ ਇਕੱਠੀ ਕਰਦਾ ਰਹਿੰਦਾ ਹੈ ਅਨੇਕਾਂ ਢੰਗ ਵਰਤ ਕੇ ਮਾਇਆ ਦੀ ਖ਼ਾਤਰ ਦੌੜਿਆ ਫਿਰਦਾ ਹੈ।

22492	501	ਬਿਸਰਤ ਪ੍ਰਭ ਕੇਤੇ ਦੁਖ ਗਨੀਅਹਿ ਮਹਾ ਮੋਹਨੀ ਖਾਇਓ॥੧॥	ਗਨੀ-ਅਹਿ	Bisarath Prabh Kaethae Dhukh Ganeeahi Mehaa Mohanee Khaaeiou ||1||	Forgetting God, you suffer awful pain beyond measure, and you are consumed by the Great Enticer, Maya. ||1||	ਪਰਮਾਤਮਾ ਦਾ ਨਾਮ ਭੁਲਾਣ ਦੇ ਕਾਰਨ ਇਸ ਨੂੰ ਅਨੇਕਾਂ ਹੀ ਦੁੱਖ ਆ ਵਾਪਰਦੇ ਹਨ। ਮਨ ਨੂੰ ਮੋਹ ਲੈਣ ਵਾਲੀ ਪ੍ਰਬਲ ਮਾਇਆ ਇਸ ਦੇ ਆਤਮਕ ਜੀਵਨ ਨੂੰ ਖਾ ਜਾਂਦੀ ਹੈ ॥੧॥
22493	501	ਕਰਹੁ ਅਨੁਗ੍ਰਹੁ ਸੁਆਮੀ ਮੇਰੇ ਗਨਹੁ ਨ ਮੋਹਿ ਕਮਾਇਓ॥	(ਅ-ਨੁੱਗ੍ਰਹੁ) ਕ੍ਰਿਪਾ	Karahu Anugrahu Suaamee Maerae Ganahu N Mohi Kamaaeiou ||	Show Mercy to me, O my Lord and Master, and do not hold me to account for my actions.	ਹੇ ਨਾਨਕ! (ਆਖ-) ਹੇ ਗੋਬਿੰਦ! ਹੇ ਦਇਆਲ! ਹੇ ਕ੍ਰਿਪਾਲ! ਹੇ ਸੁਖਾਂ ਦੇ ਸਮੁੰਦਰ! ਹੇ ਹਰੀ! ਮੈਂ ਤੇਰੀ ਸਰਨ ਆਇਆ ਹਾਂ।
22494	501	ਗੋਬਿੰਦ ਦਇਆਲ ਕ੍ਰਿਪਾਲ ਸੁਖਸਾਗਰ ਨਾਨਕ ਹਰਿ ਸਰਣਾਇਓ॥੨॥੧੬॥੨੫॥		Gobindh Dhaeiaal Kirapaal Sukh Saagar Naanak Har Saranaaeiou ||2||16||25||	O merciful and compassionate Lord God, ocean of peace, Nanak has taken to Your Sanctuary, Lord. ||2||16||25||	ਹੇ ਮੇਰੇ ਮਾਲਕ! ਮੇਰੇ ਉਤੇ ਮੇਹਰ ਕਰ, ਮੇਰੇ ਕੀਤੇ ਕਰਮਾਂ ਵਲ ਧਿਆਨ ਨਾਹ ਕਰੀਂ ॥੨॥੧੬॥੨੫॥
22495	501	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	
22496	501	ਰਸਨਾ ਰਾਮ ਰਾਮ ਰਵੰਤ॥	ਰ-ਵੰਤ	Rasanaa Raam Raam Ravanth ||	With your tongue, chant the Lord's Name, Raam, Raam.	ਆਪਣੀ ਜੀਭ ਨਾਲ ਸਦਾ ਪਰਮਾਤਮਾ ਦਾ ਸਿਮਰਨ ਕਰਦਾ ਰਹੁ।

22497	501	ਛੋਡਿ ਆਨ ਬਿਉਹਾਰ ਮਿਥਿਆ ਭਜੁ ਸਦਾ ਭਗਵੰਤ॥੧॥ਰਹਾਉ॥		Shhodd Aan Biouhaar Mithhiaa Bhaj Sadhaa Bhagavanth ||1|| Rehaao ||	Renounce other false occupations, and vibrate forever on the Lord God. ||1||Pause||	ਹੋਰ ਝੂਠੇ ਵਿਹਾਰਾਂ (ਦੇ ਮੋਹ) ਨੂੰ ਛੱਡ ਕੇ ਸਦਾ ਭਗਵਾਨ ਦਾ ਭਜਨ ਕਰਿਆ ਕਰ ॥੧॥ ਰਹਾਉ ॥
22498	501	ਨਾਮੁ ਏਕੁ ਅਧਾਰੁ ਭਗਤਾ ਈਤ ਆਗੈ ਟੇਕ॥	(ਈਤ)ਇਸ ਲੋਕ। (ਟੇਕ) ਆਸਰਾ	Naam Eaek Adhhaar Bhagathaa Eeth Aagai Ttaek ||	The One Name is the support of His devotees; in this world, and in the world hereafter, it is their anchor and support.	ਉਨ੍ਹਾਂ ਲਈ ਤੇਰਾ ਨਾਮ ਹੀ ਜ਼ਿੰਦਗੀ ਦਾ ਆਸਰਾ ਬਣ ਗਿਆ ਹੈ, ਇਸ ਲੋਕ ਤੇ ਪਰਲੋਕ ਵਿਚ ਉਹਨਾਂ ਨੂੰ ਤੇਰਾ ਹੀ ਸਹਾਰਾ ਹੈ,
22499	501	ਕਰਿ ਕ੍ਰਿਪਾ ਗੋਬਿੰਦ ਦੀਆ ਗੁਰ ਗਿਆਨੁ ਬੁਧਿ ਬਿਬੇਕ॥੧॥		Kar Kirapaa Gobindh Dheeaa Gur Giaan Budhh Bibaek ||1||	In His mercy and kindness, the Guru has given me the divine wisdom of God, and a discriminating intellect. ||1||	ਜਿਨ੍ਹਾਂ ਆਪਣੇ ਭਗਤਾਂ ਨੂੰ ਤੂੰ ਕਿਰਪਾ ਕਰ ਕੇ ਗੁਰੂ ਦਾ ਗਿਆਨ ਬਖ਼ਸ਼ਿਆ ਹੈ, ਤੇ ਚੰਗੇ ਮੰਦੇ ਦੀ ਪਰਖ ਕਰ ਸਕਣ ਵਾਲੀ ਅਕਲ ਦਿੱਤੀ ਹੈ, ਹੇ ਗੋਬਿੰਦ! ॥੧॥
22500	501	ਕਰਣ ਕਾਰਣ ਸੰਮ੍ਰਥ ਸ੍ਰੀਧਰ ਸਰਣਿ ਤਾ ਕੀ ਗਹੀ॥		Karan Kaaran Sanmrathh Sreedhhar Saran Thaa Kee Gehee ||	The all-powerful Lord is the Creator, the Cause of causes; He is the Master of wealth - I seek His Sanctuary.	ਉਸ ਪਰਮਾਤਮਾ ਦੀ ਸਰਨ ਲਈ ਹੈ ਜੋ ਸਾਰੇ ਜਗਤ ਦਾ ਮੂਲ ਹੈ ਜੋ ਸਭ ਤਾਕਤਾਂ ਦਾ ਮਾਲਕ ਹੈ, ਜੋ ਲਖਮੀ (ਮਾਇਆ) ਦਾ ਪਤੀ ਹੈ,

22501	501	ਮੁਕਤਿ ਜੁਗਤਿ ਰਵਾਲ ਸਾਧੂ ਨਾਨਕ ਹਰਿ ਨਿਧਿ ਲਹੀ॥੨॥੧੭॥੨੬॥		Mukath Jugath Ravaal Saadhhoo Naanak Har Nidhh Lehee ||2||17||26||	Liberation and worldly success come from the dust of the feet of the Holy Saints; Nanak has obtained the Lord's treasure. ||2||17||26||	ਤੇ, ਹੇ ਨਾਨਕ! ਮਾਇਕ ਬੰਧਨਾਂ ਤੋਂ ਖ਼ਲਾਸੀ ਪਾਣ ਦਾ ਵਸੀਲਾ (ਸਿਰਫ਼) ਗੁਰੂ ਦੀ ਚਰਨ-ਧੂੜ ਹੈ, ਗੁਰੂ ਦੀ ਸਰਨ ਪੈਣ ਵਾਲੇ ਨੇ ਹੀ ਪਰਮਾਤਮਾ ਦਾ ਨਾਮ-ਖ਼ਜ਼ਾਨਾ ਹਾਸਲ ਕੀਤਾ ਹੈ ॥੨॥੧੭॥੨੬॥
22502	501	ਗੂਜਰੀ ਮਹਲਾ ੫ ਘਰੁ ੪ ਚਉਪਦੇ		Goojaree Mehalaa 5 Ghar 4 Choupadhae	Goojaree, Fifth Mehl, Fourth House, Chau-Padas:	ਰਾਗ ਗੂਜਰੀ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
22503	501	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22504	501	ਛਾਡਿ ਸਗਲ ਸਿਆਣਪਾ ਸਾਧ ਸਰਣੀ ਆਉ॥		Shhaadd Sagal Siaanapaa Saadhh Saranee Aao ||	Give up all your clever tricks, and seek the Sanctuary of the Holy Saint.	(ਹੇ ਮਨ! ਜੀਵਨ-ਜੁਗਤਿ ਪ੍ਰਾਪਤ ਕਰਨ ਵਾਸਤੇ) ਸਾਰੀਆਂ ਸਿਆਣਪਾਂ ਛੱਡ ਦੇਹ, ਗੁਰੂ ਦਾ ਆਸਰਾ ਲੈ,
22505	501	ਪਾਰਬ੍ਰਹਮ ਪਰਮੇਸਰੋ ਪ੍ਰਭੂ ਕੇ ਗੁਣ ਗਾਉ॥੧॥		Paarabreham Paramaesaro Prabhoo Kae Gun Gaao ||1||	Sing the Glorious Praises of the Supreme Lord God, the Transcendent Lord. ||1||	(ਤੇ, ਗੁਰੂ ਦੀ ਸਿੱਖਿਆ ਉੱਤੇ ਤੁਰ ਕੇ) ਪਰਮੇਸਰ ਪਾਰਬ੍ਰਹਮ ਪ੍ਰਭੂ ਦੇ ਗੁਣ ਗਾਂਦਾ ਰਿਹਾ ਕਰ ॥੧॥

22506	501	ਰੇ ਚਿਤ ਚਰਣਕਮਲ ਅਰਾਧਿ॥		Rae Chith Charan Kamal Araadhh ||	O my consciousness, contemplate and adore the Lotus Feet of the Lord.	ਹੇ ਮੇਰੇ ਮਨ! ਪਰਮਾਤਮਾ ਦੇ ਸੋਹਣੇ ਕੋਮਲ ਚਰਨਾਂ ਦੀ ਆਰਾਧਨਾ ਕਰਿਆ ਕਰ,
22507	501	ਸਰਬ ਸੂਖ ਕਲਿਆਣ ਪਾਵਹਿ ਮਿਟੈ ਸਗਲ ਉਪਾਧਿ॥੧॥ਰਹਾਉ॥		Sarab Sookh Kaliaan Paavehi Mittai Sagal Oupaadhh ||1|| Rehaao ||	You shall obtain total peace and salvation, and all troubles shall depart. ||1||Pause||	ਸਾਰੇ ਸੁਖ ਆਨੰਦ ਹਾਸਲ ਕਰ ਲਏਂਗਾ, (ਸਿਮਰਨ ਦੀ ਬਰਕਤਿ ਨਾਲ) ਹਰੇਕ ਰੋਗ ਮਿਟ ਜਾਂਦਾ ਹੈ ॥੧॥ ਰਹਾਉ ॥
22508	501	ਮਾਤ ਪਿਤਾ ਸੁਤ ਮੀਤ ਭਾਈ ਤਿਸੁ ਬਿਨਾ ਨਹੀ ਕੋਇ॥		Maath Pithaa Suth Meeth Bhaaee This Binaa Nehee Koe ||	Mother, father, children, friends and siblings - without the Lord, none of them are real.	ਹੇ ਮਨ! ਮਾਂ, ਪਿਉ, ਪੁੱਤਰ, ਮਿੱਤਰ, ਭਰਾ-ਪਰਮਾਤਮਾ ਤੋਂ ਬਿਨਾ ਕੋਈ ਭੀ (ਨਾਲ ਨਿਭਣ ਵਾਲਾ ਸਾਥੀ) ਨਹੀਂ ਹੈ।
22509	501	ਈਤ ਊਤ ਜੀਅ ਨਾਲਿ ਸੰਗੀ ਸਰਬ ਰਵਿਆ ਸੋਇ॥੨॥		Eeth Ooth Jeea Naal Sangee Sarab Raviaa Soe ||2||	Here and hereafter, He is the companion of the soul; He is pervading everywhere. ||2||	ਜੇਹੜਾ ਪਰਮਾਤਮਾ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਹੈ ਉਹੀ ਇਸ ਲੋਕ ਤੇ ਪਰਲੋਕ ਵਿਚ ਜਿੰਦ ਦੇ ਨਾਲ ਰਹਿਣ ਵਾਲਾ ਸਾਥੀ ਹੈ ॥੨॥

22510	501	ਕੋਟਿ ਜਤਨ ਉਪਾਵ ਮਿਥਿਆ ਕਛੁ ਨ ਆਵੈ ਕਾਮਿ॥		Kott Jathan Oupaav Mithhiaa Kashh N Aavai Kaam ||	Millions of plans, tricks, and efforts are of no use, and serve no purpose.	(ਹੇ ਮਨ! ਆਤਮਕ ਪਵਿਤ੍ਰਤਾ ਵਾਸਤੇ ਗੁਰੂ ਦੀ ਸਰਨ ਤੋਂ ਬਿਨਾ ਹੋਰ) ਕ੍ਰੋੜਾਂ ਹੀ ਜਤਨ ਤੇ ਉਪਾਵ ਵਿਅਰਥ ਹਨ, (ਤੇ ਇਹਨਾਂ ਵਿਚੋਂ) ਕੋਈ ਭੀ ਕੰਮ ਨਹੀਂ ਆ ਸਕਦਾ।
22511	501	ਸਰਣਿ ਸਾਧੂ ਨਿਰਮਲਾ ਗਤਿ ਹੋਇ ਪ੍ਰਭ ਕੈ ਨਾਮਿ॥੩॥		Saran Saadhhoo Niramalaa Gath Hoe Prabh Kai Naam ||3||	In the Sanctuary of the Holy, one becomes immaculate and pure, and obtains salvation, through the Name of God. ||3||	ਗੁਰੂ ਦੀ ਸਰਨ ਪਿਆਂ ਹੀ ਮਨੁੱਖ ਪਵਿਤ੍ਰ ਜੀਵਨ ਵਾਲਾ ਹੋ ਸਕਦਾ ਹੈ, ਪਰਮਾਤਮਾ ਦੇ ਨਾਮ ਵਿਚ ਜੁੜਿਆਂ ਹੀ ਉੱਚੀ ਆਤਮਕ ਅਵਸਥਾ ਬਣ ਸਕਦੀ ਹੈ ॥੩॥
22512	501	ਅਗਮ ਦਇਆਲ ਪ੍ਰਭੂ ਊਚਾ ਸਰਣਿ ਸਾਧੂ ਜੋਗੁ॥		Agam Dhaeiaal Prabhoo Oochaa Saran Saadhhoo Jog ||	God is profound and merciful, lofty and exalted; He gives Sanctuary to the Holy.	ਅਪਹੁੰਚ ਦਇਆਵਾਨ ਪਰਮਾਤਮਾ ਸਭ (ਵਿਅਕਤੀਆਂ) ਤੋਂ ਉੱਚਾ ਹੈ, ਗੁਰਮੁਖਾਂ ਨੂੰ ਆਪਣੀ ਸਰਨ ਵਿਚ ਰੱਖਣ (ਤੇ ਉਪਾਧੀਆਂ ਤੋਂ ਬਚਾਣ) ਦੀ ਸਮਰਥਾ ਵਾਲਾ ਹੈ।
22513	501	ਤਿਸੁ ਪਰਾਪਤਿ ਨਾਨਕਾ ਜਿਸੁ ਲਿਖਿਆ ਧੁਰਿ ਸੰਜੋਗੁ ॥੪॥੧॥੨੭॥		This Paraapath Naanakaa Jis Likhiaa Dhhur Sanjog ||4||1||27||	He alone obtains the Lord, O Nanak, who is blessed with such pre-ordained destiny to meet Him. ||4||1||27||	ਹੇ ਨਾਨਕ! ਉਹ ਪਰਮਾਤਮਾ ਉਸੇ ਮਨੁੱਖ ਨੂੰ ਮਿਲ ਸਕਦਾ ਹੈ ਜਿਸ ਦੇ ਮੱਥੇ ਉੱਤੇ ਧੁਰ ਦਰਗਾਹ ਤੋਂ ਮਿਲਾਪ ਦਾ ਸੰਜੋਗ ਲਿਖਿਆ ਹੁੰਦਾ ਹੈ ॥੪॥੧॥੨੭॥
22514	501	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	

22515	501	ਆਪਨਾ ਗੁਰੁ ਸੇਵਿ ਸਦ ਹੀ ਰਮਹੁ ਗੁਣ ਗੋਬਿੰਦ॥	(ਰਮਹੁ) ਉਚਾਰਣ ਕਰੋ	Aapanaa Gur Saev Sadh Hee Ramahu Gun Gobindh ||	Serve your Guru forever, and chant the Glorious Praises of the Lord of the Universe.	ਆਪਣੇ ਗੁਰੂ ਦੀ ਸਰਨ ਪੈ ਕੇ ਸਦਾ ਹੀ ਗੋਵਿੰਦ ਦੇ ਗੁਣ ਯਾਦ ਕਰਦਾ ਰਹੁ,
22516	501	ਸਾਸਿ ਸਾਸਿ ਅਰਾਧਿ ਹਰਿ ਹਰਿ ਲਹਿ ਜਾਇ ਮਨ ਕੀ ਚਿੰਦ॥੧॥	(ਚਿੰਦ) ਚਿੰਤਾ	Saas Saas Araadhh Har Har Lehi Jaae Man Kee Chindh ||1||	With each and every breath, worship the Lord, Har, Har, in adoration, and the anxiety of your mind will be dispelled. ||1||	ਆਪਣੇ ਹਰੇਕ ਸਾਹ ਦੇ ਨਾਲ ਪਰਮਾਤਮਾ ਦਾ ਆਰਾਧਨ ਕਰਦਾ ਰਹੁ, ਤੇਰੇ ਮਨ ਦੀ ਹਰੇਕ ਚਿੰਤਾ ਦੂਰ ਹੋ ਜਾਇਗੀ ॥੧॥
22517	501	ਮੇਰੇ ਮਨ ਜਾਪਿ ਪ੍ਰਭ ਕਾ ਨਾਉ॥		Maerae Man Jaap Prabh Kaa Naao ||	O my mind, chant the Name of God.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਜਪਦਾ ਰਹੁ,
22518	501	ਸੂਖ ਸਹਜ ਅਨੰਦ ਪਾਵਹਿ ਮਿਲੀ ਨਿਰਮਲ ਥਾਉ॥੧॥ਰਹਾਉ॥		Sookh Sehaj Anandh Paavehi Milee Niramal Thhaao ||1|| Rehaao ||	You shall be blessed with peace, poise and pleasure, and you shall find the immaculate place. ||1||Pause||	ਇਸ ਤਰ੍ਹਾਂ; ਸੁਖ, ਆਤਮਕ ਅਡੋਲਤਾ, ਅਨੰਦ ਪ੍ਰਾਪਤ ਕਰੇਂਗਾ, ਤੈਨੂੰ ਉਹ ਥਾਂ ਮਿਲਿਆ ਰਹੇਗਾ ਜੇਹੜਾ ਤੈਨੂੰ ਸਦਾ ਸੁੱਚਾ ਰੱਖ ਸਕੇ ॥੧॥ ਰਹਾਉ ॥
22519	501	ਸਾਧਸੰਗਿ ਉਧਾਰਿ ਇਹੁ ਮਨੁ ਆਠ ਪਹਰ ਆਰਾਧਿ॥		Saadhhasang Oudhhaar Eihu Man Aath Pehar Aaraadhh ||	In the Saadh Sangat, the Company of the Holy, redeem your mind, and adore the Lord, twenty-four hours a day.	ਗੁਰੂ ਦੀ ਸੰਗਤ ਵਿਚ ਟਿਕ ਕੇ ਆਪਣੇ ਇਸ ਮਨ ਨੂੰ (ਵਿਕਾਰਾਂ ਤੋਂ) ਬਚਾਈ ਰੱਖ, ਅੱਠੇ ਪਹਰ ਪਰਮਾਤਮਾ ਦਾ ਆਰਾਧਨ ਕਰਦਾ ਰਹੁ,

22520	501	ਕਾਮੁ ਕ੍ਰੋਧੁ ਅਹੰਕਾਰੁ ਬਿਨਸੈ ਮਿਟੈ ਸਗਲ ਉਪਾਧਿ॥੨॥		Kaam Krodhh Ahankaar Binasai Mittai Sagal Oupaadhh ||2||	Sexual desire, anger and egotism will be dispelled, and all troubles shall end. ||2||	ਇਸ ਤਰ੍ਹਾਂ; (ਤੇਰੇ ਅੰਦਰੋਂ) ਕਾਮ ਕ੍ਰੋਧ ਅਹੰਕਾਰ ਨਾਸ ਹੋ ਜਾਇਗਾ, ਤੇਰਾ ਹਰੇਕ ਰੋਗ ਦੂਰ ਹੋ ਜਾਇਗਾ ॥੨॥
22521	501	ਅਟਲ ਅਛੇਦ ਅਭੇਦ ਸੁਆਮੀ ਸਰਣਿ ਤਾ ਕੀ ਆਉ॥	ਅ-ਟਲ	Attal Ashhaedh Abhaedh Suaamee Saran Thaa Kee Aao ||	The Lord Master is immovable, immortal and inscrutable; seek His Sanctuary.	ਉਸ ਮਾਲਕ-ਪ੍ਰਭੂ ਦੀ ਸਰਨ ਵਿਚ ਟਿਕਿਆ ਰਹੁ ਜੋ ਸਦਾ ਕਾਇਮ ਰਹਿਣ ਵਾਲਾ ਹੈ ਜੋ ਨਾਸ-ਰਹਿਤ ਹੈ ਜਿਸ ਦਾ ਭੇਤ ਨਹੀਂ ਪਾਇਆ ਜਾ ਸਕਦਾ।
22522	501	ਚਰਣਕਮਲ ਅਰਾਧਿ ਹਿਰਦੈ ਏਕ ਸਿਉ ਲਿਵ ਲਾਉ॥੩॥		Charan Kamal Araadhh Hiradhai Eaek Sio Liv Laao ||3||	Worship in adoration the lotus feet of the Lord in your heart, and center your consciousness lovingly on Him alone. ||3||	ਆਪਣੇ ਹਿਰਦੇ ਵਿਚ ਪ੍ਰਭੂ ਦੇ ਸੋਹਣੇ ਕੋਮਲ ਚਰਨਾਂ ਦਾ ਆਰਾਧਨ ਕਰਿਆ ਕਰ, ਪਰਮਾਤਮਾ ਦੇ ਚਰਨਾਂ ਨਾਲ ਪਿਆਰ ਪਾਈ ਰੱਖ ॥੩॥
22523	501	ਪਾਰਬ੍ਰਹਮਿ ਪ੍ਰਭਿ ਦਇਆ ਧਾਰੀ ਬਖਸਿ ਲੀਨੇ ਆਪਿ॥		Paarabreham Prabh Dhaeiaa Dhhaaree Bakhas Leenhae Aap ||	The Supreme Lord God has shown mercy to me, and He Himself has forgiven me.	ਪਾਰਬ੍ਰਹਮ ਪ੍ਰਭੂ ਨੇ ਜਿਨ੍ਹਾਂ ਮਨੁੱਖਾਂ ਉਤੇ ਮੇਹਰ ਕੀਤੀ ਉਹਨਾਂ ਨੂੰ ਉਸ ਨੇ ਆਪ ਬਖ਼ਸ਼ ਲਿਆ (ਉਹਨਾਂ ਦੇ ਪਿਛਲੇ ਪਾਪ ਖਿਮਾ ਕਰ ਦਿੱਤੇ),

22524	501	ਸਰਬ ਸੁਖ ਹਰਿ ਨਾਮੁ ਦੀਆ ਨਾਨਕ ਸੋ ਪ੍ਰਭੁ ਜਾਪਿ॥੪॥੨॥੨੮॥		Sarab Sukh Har Naam Dheeaa Naanak So Prabh Jaap ||4||2||28||	The Lord has given me His Name, the treasure of peace; O Nanak, meditate on that God. ||4||2||28||	ਤੇ ਉਹਨਾਂ ਨੂੰ ਉਸਨੇ ਸਾਰੇ ਸੁਖਾਂ ਦਾ ਖ਼ਜ਼ਾਨਾ ਆਪਣਾ ਹਰਿ-ਨਾਮ ਦੇ ਦਿੱਤਾ। ਹੇ ਨਾਨਕ! ਤੂੰ ਭੀ ਉਸ ਪ੍ਰਭੂ ਦਾ ਨਾਮ ਜਪਿਆ ਕਰ ॥੪॥੨॥੨੮॥
22525	501	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	
22526	501	ਗੁਰ ਪ੍ਰਸਾਦੀ ਪ੍ਰਭੁ ਧਿਆਇਆ ਗਈ ਸੰਕਾ ਤੂਟਿ॥		Gur Prasaadhee Prabh Dhhiaaeiaa Gee Sankaa Thoott ||	By Guru's Grace, I meditate on God, and my doubts are gone.	ਜਿਸ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਧਿਆਨ ਧਰਿਆ (ਉਸ ਦੇ ਅੰਦਰੋਂ) ਡੱਕੇ-ਡੋਲੇ ਖ਼ਤਮ ਹੋ ਗਏ,
22527	502	ਦੁਖ ਅਨੇਰਾ ਭੈ ਬਿਨਾਸੇ ਪਾਪ ਗਏ ਨਿਖੂਟਿ॥੧॥	(ਨਿਖੂਟਿ) ਮੁੱਕ ਗਏ, ਨਿ-ਖੂਟਿ	Dhukh Anaeraa Bhai Binaasae Paap Geae Nikhoott ||1||	Pain, ignorance and fear have left me, and my sins have been dispelled. ||1||	ਉਸ ਦੇ ਸਾਰੇ ਦੁੱਖ, ਮਾਇਆ ਦੇ ਮੋਹ ਦਾ ਹਨੇਰਾ ਤੇ ਸਾਰੇ ਡਰ ਦੂਰ ਹੋ ਗਏ, ਅਤੇ ਉਸ ਦੇ ਸਾਰੇ ਪਾਪ ਮੁੱਕ ਗਏ ॥੧॥
22528	502	ਹਰਿ ਹਰਿ ਨਾਮ ਕੀ ਮਨਿ ਪ੍ਰੀਤਿ॥		Har Har Naam Kee Man Preeth ||	My mind is filled with love for the Name of the Lord, Har, Har.	ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦੇ ਨਾਮ ਦਾ ਪਿਆਰ ਪੈਦਾ ਹੋ ਜਾਂਦਾ ਹੈ,
22529	502	ਮਿਲਿ ਸਾਧ ਬਚਨ ਗੋਬਿੰਦ ਧਿਆਏ ਮਹਾ ਨਿਰਮਲ ਰੀਤਿ॥੧॥ਰਹਾਉ॥		Mil Saadhh Bachan Gobindh Dhhiaaeae Mehaa Niramal Reeth ||1|| Rehaao ||	Meeting the Holy Saint, under His Instruction, I meditate on the Lord of the Universe, in the most immaculate way. ||1||Pause||	ਤੇ ਜੇਹੜਾ ਮਨੁੱਖ ਗੁਰੂ ਨੂੰ ਮਿਲ ਕੇ ਗੁਰੂ ਦੀ ਬਾਣੀ ਦੀ ਰਾਹੀਂ ਗੋਬਿੰਦ ਦਾ ਧਿਆਨ ਧਰਦਾ ਹੈ, ਉਸ ਦੀ ਜੀਵਨ-ਜੁਗਤਿ ਬਹੁਤ ਪਵਿਤ੍ਰ ਹੋ ਜਾਂਦੀ ਹੈ ॥੧॥ ਰਹਾਉ ॥

22530	502	ਜਾਪ ਤਾਪ ਅਨੇਕ ਕਰਣੀ ਸਫਲ ਸਿਮਰਤ ਨਾਮ॥		Jaap Thaap Anaek Karanee Safal Simarath Naam ||	Chanting, deep meditation and various rituals are contained in the fruitful meditative remembrance of the Naam, the Name of the Lord.	ਜੀਵਨ-ਸਫਲਤਾ ਦੇਣ ਵਾਲਾ ਪ੍ਰਭੂ-ਨਾਮ ਸਿਮਰਦਿਆਂ ਸਾਰੇ ਜਪ ਤਪ ਤੇ ਅਨੇਕਾਂ ਹੀ ਮਿਥੇ ਹੋਏ ਧਾਰਮਿਕ ਕੰਮ ਵਿਚੇ ਹੀ ਆ ਜਾਂਦੇ ਹਨ।
22531	502	ਕਰਿ ਅਨੁਗ੍ਰਹੁ ਆਪਿ ਰਾਖੇ ਭਏ ਪੂਰਨ ਕਾਮ॥੨॥	ਅ-ਨੁੱਗ੍ਰਹੁ	Kar Anugrahu Aap Raakhae Bheae Pooran Kaam ||2||	Showing His Mercy, the Lord Himself has protected me, and all my works have been brought to fruition. ||2||	ਪਰਮਾਤਮਾ ਮੇਹਰ ਕਰ ਕੇ ਜਿਨ੍ਹਾਂ ਮਨੁੱਖਾਂ ਨੂੰ (ਆਪਣੇ ਚਰਨਾਂ ਵਿਚ ਟਿਕਾਈ) ਰੱਖਦਾ ਹੈ ਉਹਨਾਂ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ ॥੨॥
22532	502	ਸਾਸਿ ਸਾਸਿ ਨ ਬਿਸਰੁ ਕਬਹੂੰ ਬ੍ਰਹਮ ਪ੍ਰਭ ਸਮਰਥ॥	ਸਮਰੱਥ	Saas Saas N Bisar Kabehoon Breham Prabh Samarathh ||	With each and every breath, may I never forget You, O God, Almighty Lord and Master.	ਆਪਣੇ ਹਰੇਕ ਸਾਹ ਦੇ ਨਾਲ ਸਮਰੱਥ ਬ੍ਰਹਮ ਪਰਮਾਤਮਾ ਨੂੰ ਯਾਦ ਕਰਦਾ ਰਹੁ, ਉਸ ਨੂੰ ਕਦੇ ਨਾਹ ਵਿਸਾਰ।
22533	502	ਗੁਣ ਅਨਿਕ ਰਸਨਾ ਕਿਆ ਬਖਾਨੈ ਅਗਨਤ ਸਦਾ ਅਕਥ॥੩॥	ਅ-ਕਥ:ਪੋਲਾ ਬੋਲੋ।ਅ-ਗਨਤ	Gun Anik Rasanaa Kiaa Bakhaanai Aganath Sadhaa Akathh ||3||	How can my tongue describe Your countless virtues? They are uncountable, and forever indescribable. ||3||	ਉਸ ਪਰਮਾਤਮਾ ਦੇ ਬੇਅੰਤ ਗੁਣ ਹਨ, ਗਿਣੇ ਨਹੀਂ ਜਾ ਸਕਦੇ, ਮਨੁੱਖ ਦੀ ਜੀਭ ਉਹਨਾਂ ਨੂੰ ਬਿਆਨ ਨਹੀਂ ਕਰ ਸਕਦੀ। ਉਸ ਪਰਮਾਤਮਾ ਦਾ ਸਰੂਪ ਸਦਾ ਹੀ ਬਿਆਨ ਤੋਂ ਪਰੇ ਹੈ ॥੩॥

22534	502	ਦੀਨ ਦਰਦ ਨਿਵਾਰਿ ਤਾਰਣ ਦਇਆਲ ਕਿਰਪਾ ਕਰਣ॥		Dheen Dharadh Nivaar Thaaran Dhaeiaal Kirapaa Karan ||	You are the Remover of the pains of the poor, the Savior, the Compassionate Lord, the Bestower of Mercy.	ਪਰਮਾਤਮਾ ਗ਼ਰੀਬਾਂ ਦੇ ਦੁੱਖ ਦੂਰ ਕਰ ਕੇ ਉਹਨਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੇ ਸਮਰੱਥ ਹੈ, ਦਇਆ ਦਾ ਘਰ ਹੈ, ਉਹ ਹਰੇਕ ਉੱਤੇ ਕਿਰਪਾ ਕਰਨ ਵਾਲਾ ਹੈ,
22535	502	ਅਟਲ ਪਦਵੀ ਨਾਮ ਸਿਮਰਣ ਦ੍ਰਿੜੁ ਨਾਨਕ ਹਰਿ ਹਰਿ ਸਰਣ॥੪॥੩॥੨੯॥	ਅ-ਟਲ	Attal Padhavee Naam Simaran Dhrirr Naanak Har Har Saran ||4||3||29||	Remembering the Naam in meditation, the state of eternal dignity is obtained; Nanak has grasped the protection of the Lord, Har, Har. ||4||3||29||	ਉਸ ਦਾ ਨਾਮ ਸਿਮਰਿਆਂ ਅਟੱਲ ਆਤਮਕ ਜੀਵਨ ਦਾ ਦਰਜਾ ਮਿਲ ਜਾਂਦਾ ਹੈ। ਹੇ ਨਾਨਕ! ਹਰਿ-ਨਾਮ ਨੂੰ ਆਪਣੇ ਹਿਰਦੇ ਵਿਚ ਪੱਕਾ ਟਿਕਾਈ ਰੱਖ, ਪਰਮਾਤਮਾ ਦੀ ਸਰਨ ਪਿਆ ਰਹੁ ॥੪॥੩॥੨੯॥
22536	502	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	
22537	502	ਅਹੰਬੁਧਿ ਬਹੁ ਸਘਨ ਮਾਇਆ ਮਹਾ ਦੀਰਘ ਰੋਗੁ॥		Ahanbudhh Bahu Saghan Maaeiaa Mehaa Dheeragh Rog ||	Intellectual egotism and great love for Maya are the most serious chronic diseases.	ਅਹੰਕਾਰ ਇਕ ਬੜਾ ਲੰਮਾ ਰੋਗ ਹੈ, ਮਾਇਆ ਨਾਲ ਡੂੰਘਾ ਪਿਆਰ ਬੜਾ ਪੁਰਾਣਾ ਰੋਗ ਹੈ (ਇਸ ਰੋਗ ਤੋਂ ਉਸ ਵਡ-ਭਾਗੀ ਮਨੁੱਖ ਦੀ ਖ਼ਲਾਸੀ ਹੁੰਦੀ ਹੈ ਜਿਸ ਨੂੰ)

22538	502	ਹਰਿ ਨਾਮੁ ਅਉਖਧੁ ਗੁਰਿ ਨਾਮੁ ਦੀਨੋ ਕਰਣ ਕਾਰਣ ਜੋਗੁ॥੧॥		Har Naam Aoukhadhh Gur Naam Dheeno Karan Kaaran Jog ||1||	The Lord's Name is the medicine, which is potent to cure everything. The Guru has given me the Naam, the Name of the Lord. ||1||	ਗੁਰੂ ਨੇ ਪਰਮਾਤਮਾ ਦਾ ਨਾਮ-ਦਾਰੂ ਦੇ ਦਿੱਤਾ। ਪ੍ਰਭੂ ਦਾ ਨਾਮ ਜਗਤ ਦੇ ਮੂਲ-ਪ੍ਰਭੂ ਨਾਲ ਮਿਲਾਣ ਦੀ ਸਮਰੱਥਾ ਰੱਖਦਾ ਹੈ ॥੧॥
22539	502	ਮਨਿ ਤਨਿ ਬਾਛੀਐ ਜਨ ਧੂਰਿ॥		Man Than Baashheeai Jan Dhhoor ||	My mind and body yearn for the dust of the Lord's humble servants.	ਆਪਣੇ ਮਨ ਵਿਚ ਆਪਣੇ ਹਿਰਦੇ ਵਿਚ ਪਰਮਾਤਮਾ ਦੇ ਸੇਵਕਾਂ ਦੀ ਚਰਨ-ਧੂੜ (ਦੀ ਪ੍ਰਾਪਤੀ) ਦੀ ਤਾਂਘ ਕਰਦੇ ਰਹਿਣਾ ਚਾਹੀਦਾ ਹੈ,
22540	502	ਕੋਟਿ ਜਨਮ ਕੇ ਲਹਹਿ ਪਾਤਿਕ ਗੋਬਿੰਦ ਲੋਚਾ ਪੂਰਿ॥੧॥ਰਹਾਉ॥	(ਪਾਤਿਕ) ਪਾਪ,ਲਹ-ਹਿ	Kott Janam Kae Lehehi Paathik Gobindh Lochaa Poor ||1|| Rehaao ||	With it, the sins of millions of incarnations are obliterated. O Lord of the Universe, please fulfill my desire. ||1||Pause||	(ਤੇ, ਪ੍ਰਭੂ ਚਰਨਾਂ ਵਿਚ ਅਰਦਾਸ ਕਰਨੀ ਚਾਹੀਦੀ ਹੈ) ਹੇ ਗੋਬਿੰਦ! (ਮੇਰੀ ਇਹ) ਤਾਂਘ ਪੂਰੀ ਕਰ (ਕਿਉਂਕਿ 'ਜਨ-ਧੂਰਿ' ਦੀ ਬਰਕਤਿ ਨਾਲ) ਕ੍ਰੋੜਾਂ ਜਨਮਾਂ ਦੇ ਪਾਪ ਲਹਿ ਜਾਂਦੇ ਹਨ ॥੧॥ ਰਹਾਉ ॥
22541	502	ਆਦਿ ਅੰਤੇ ਮਧਿ ਆਸਾ ਕੂਕਰੀ ਬਿਕਰਾਲ॥	(ਕੂਕਰੀ) ਕੁੱਤੀ, (ਬਿਕਰਾਲ) ਭਿਆਨਕ	Aadh Anthae Madhh Aasaa Kookaree Bikaraal ||	In the beginning, in the middle, and in the end, one is hounded by dreadful desires.	(ਮਾਇਕ ਪਦਾਰਥਾਂ ਦੀ) ਆਸਾ (ਇਕ) ਡਰਾਉਣੀ ਕੁੱਤੀ ਹੈ ਜੋ ਹਰ ਵੇਲੇ (ਜੀਵਾਂ ਦੇ ਮਨ ਵਿਚ ਹੋਰ ਹੋਰ ਪਦਾਰਥਾਂ ਲਈ ਭੌਂਕਦੀ ਰਹਿੰਦੀ ਹੈ, ਤੇ, ਜੀਵਾਂ ਵਾਸਤੇ ਆਤਮਕ ਮੌਤ ਦਾ ਜਾਲ ਖਿਲਾਰੀ ਰੱਖਦੀ ਹੈ)।

22542	502	ਗੁਰ ਗਿਆਨ ਕੀਰਤਨ ਗੋਬਿੰਦ ਰਮਣੰ ਕਾਟੀਐ ਜਮ ਜਾਲ॥੨॥		Gur Giaan Keerathan Gobindh Ramanan Kaatteeai Jam Jaal ||2||	Through the Guru's spiritual wisdom, we sing the Kirtan of the Praises of the Lord of the Universe, and the noose of death is cut away. ||2||	ਆਤਮਕ ਮੌਤ ਦਾ (ਇਹ) ਜਾਲ ਗੁਰੂ ਦੇ ਦਿੱਤੇ ਗਿਆਨ (ਆਤਮਕ ਜੀਵਨ ਬਾਰੇ ਸਹੀ ਸੂਝ) ਅਤੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਣ ਨਾਲ ਕੱਟਿਆ ਜਾਂਦਾ ਹੈ ॥੨॥
22543	502	ਕਾਮ ਕ੍ਰੋਧ ਲੋਭ ਮੋਹ ਮੂਠੇ ਸਦਾ ਆਵਾ ਗਵਣ॥	(ਮੂਠੇ) ਠੱਗੇ	Kaam Krodhh Lobh Moh Moothae Sadhaa Aavaa Gavan ||	Those who are cheated by sexual desire, anger, greed and emotional attachment suffer reincarnation forever.	ਜੇਹੜੇ ਮਨੁੱਖ ਕਾਮ ਕ੍ਰੋਧ ਲੋਭ (ਆਦਿਕ ਚੋਰਾਂ) ਪਾਸੋਂ (ਆਪਣਾ ਆਤਮਕ ਜੀਵਨ) ਲੁਟਾਂਦੇ ਰਹਿੰਦੇ ਹਨ, ਉਹਨਾਂ ਵਾਸਤੇ ਜਨਮ ਮਰਨ ਦਾ ਗੇੜ ਸਦਾ ਬਣਿਆ ਰਹਿੰਦਾ ਹੈ।
22544	502	ਪ੍ਰਭ ਪ੍ਰੇਮ ਭਗਤਿ ਗੁਪਾਲ ਸਿਮਰਣ ਮਿਟਤ ਜੋਨੀ ਭਵਣ॥੩॥		Prabh Praem Bhagath Gupaal Simaran Mittath Jonee Bhavan ||3||	By loving devotional worship to God, and meditative remembrance of the Lord of the World, one's wandering in reincarnation is ended. ||3||	ਪਰਮਾਤਮਾ ਨਾਲ ਪਿਆਰ ਪਾਇਆਂ, ਗੋਪਾਲ ਦੀ ਭਗਤੀ ਕੀਤਿਆਂ, ਹਰਿ-ਨਾਮ ਦਾ ਸਿਮਰਨ ਕੀਤਿਆਂ ਅਨੇਕਾਂ ਜੂਨਾਂ ਵਿਚ ਭਟਕਣਾ ਮੁੱਕ ਜਾਂਦਾ ਹੈ ॥੩॥
22545	502	ਮਿਤ੍ਰ ਪੁਤ੍ਰ ਕਲਤ੍ਰ ਸੁਰਰਿਦ ਤੀਨਿ ਤਾਪ ਜਲੰਤ॥	(ਸੁਰ-ਰਿਦ)ਇੱਕ ਦੂਜੇ ਨੂੰ ਰਿਦੇ ਦੇ ਪਿਆਰੇ ਮੰਨਣ ਵਾਲੇ। ਮਿੱਤ੍ਰ ਪੁੱਤ੍ਰ ਕ-ਲੱਤ੍ਰ	Mithr Puthr Kalathr Sur Ridh Theen Thaap Jalanth ||	Friends, children, spouses and well-wishers are burnt by the three fevers.	ਮਿੱਤਰ, ਪੁੱਤਰ, ਇਸਤ੍ਰੀ ਰਿਸ਼ਤੇਦਾਰ (ਆਦਿਕਾਂ ਦੇ ਮੋਹ ਵਿਚ ਫਸਿਆਂ ਆਧਿ, ਵਿਆਧਿ, ਉਪਾਧਿ) ਤਿੰਨੇ ਤਾਪ ਮਨੁੱਖ (ਦੇ ਆਤਮਕ ਜੀਵਨ) ਨੂੰ ਸਾੜਦੇ ਰਹਿੰਦੇ ਹਨ।

22546	502	ਜਪਿ ਰਾਮ ਰਾਮਾ ਦੁਖ ਨਿਵਾਰੇ ਮਿਲੈ ਹਰਿ ਜਨ ਸੰਤ॥੪॥		Jap Raam Raamaa Dhukh Nivaarae Milai Har Jan Santh ||4||	Chanting the Name of the Lord, Raam, Raam, one's miseries are ended, as one meets the Saintly servants of the Lord. ||4||	ਜੇਹੜਾ ਮਨੁੱਖ ਪਰਮਾਤਮਾ ਦੇ ਸੇਵਕਾਂ ਨੂੰ ਸੰਤ ਜਨਾਂ ਨੂੰ ਮਿਲ ਪੈਂਦਾ ਹੈ ਉਹ ਪਰਮਾਤਮਾ ਦਾ ਨਾਮ ਸਦਾ ਜਪ ਕੇ (ਆਪਣੇ ਸਾਰੇ) ਦੁੱਖ ਦੂਰ ਕਰ ਲੈਂਦਾ ਹੈ ॥੪॥
22547	502	ਸਰਬ ਬਿਧਿ ਭ੍ਰਮਤੇ ਪੁਕਾਰਹਿ ਕਤਹਿ ਨਾਹੀ ਛੋਟਿ॥		Sarab Bidhh Bhramathae Pukaarehi Kathehi Naahee Shhott ||	Wandering around in all directions, they cry out, ""Nothing can save us!""	("ਬਿਕਰਾਲ ਆਸਾ ਕੂੱਕਰੀ" ਦੇ ਪੰਜੇ ਵਿਚ ਫਸ ਕੇ ਜੀਵ) ਅਨੇਕਾਂ ਤਰੀਕਿਆਂ ਨਾਲ ਭਟਕਦੇ ਫਿਰਦੇ ਹਨ (ਤੇ, ਦੁੱਖੀ ਹੋ ਕੇ) ਪੁਕਾਰਦੇ ਹਨ, ਕਿਸੇ ਭੀ ਤਰੀਕੇ ਨਾਲ ਉਹਨਾਂ ਦੀ (ਇਸ "ਬਿਕਰਾਲ ਆਸਾ ਕੂੱਕਰੀ" ਪਾਸੋਂ) ਖ਼ਲਾਸੀ ਨਹੀਂ ਹੁੰਦੀ।
22548	502	ਹਰਿ ਚਰਣ ਸਰਣ ਅਪਾਰ ਪ੍ਰਭ ਕੇ ਦ੍ਰਿੜੁ ਗਹੀ ਨਾਨਕ ਓਟ॥੫॥੪॥੩੦॥		Har Charan Saran Apaar Prabh Kae Dhrirr Gehee Naanak Outt ||5||4||30||	Nanak has entered the Sanctuary of the Lotus Feet of the Infinite Lord; he holds fast to their Support. ||5||4||30||	ਹੇ ਨਾਨਕ! (ਮੈਂ ਇਸ ਤੋਂ ਬਚਣ ਲਈ) ਬੇਅੰਤ ਪ੍ਰਭੂ ਦੇ ਚਰਨਾਂ ਦੀ ਸਰਨ ਚਰਨਾਂ ਦੀ ਓਟ ਪੱਕੀ ਤਰ੍ਹਾਂ ਫੜ ਲਈ ਹੈ ॥੫॥੪॥੩੦॥
22549	502	ਗੂਜਰੀ ਮਹਲਾ ੫ ਘਰੁ ੪ ਦੁਪਦੇ		Goojaree Mehalaa 5 Ghar 4 Dhupadhae	Goojaree, Fifth Mehl, Fourth House, Du-Padas:	ਰਾਗ ਗੂਜਰੀ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।

22550	502	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22551	502	ਆਰਾਧਿ ਸ੍ਰੀਧਰ ਸਫਲ ਮੂਰਤਿ ਕਰਣ ਕਾਰਣ ਜੋਗੁ॥		Aaraadhh Sreedhhar Safal Moorath Karan Kaaran Jog ||	Worship and adore the Lord of wealth, the fulfilling vision, the Almighty Cause of causes.	ਹੇ ਮਨ! ਉਸ ਲੱਛਮੀ-ਪਤੀ ਪ੍ਰਭੂ ਦੀ ਆਰਾਧਨਾ ਕਰਿਆ ਕਰ, ਜਿਸ ਦੇ ਸਰੂਪ ਦਾ ਦਰਸਨ ਜੀਵਨ ਨੂੰ ਕਾਮਯਾਬ ਕਰ ਦੇਂਦਾ ਹੈ, ਤੇ, ਜੋ ਜਗਤ ਦਾ ਸਮਰੱਥ ਮੂਲ ਹੈ।
22552	502	ਗੁਣ ਰਮਣ ਸ੍ਰਵਣ ਅਪਾਰ ਮਹਿਮਾ ਫਿਰਿ ਨ ਹੋਤ ਬਿਓਗੁ॥੧॥	(ਬਿਓਗੁ) ਵਿਛੋੜਾ	Gun Raman Sravan Apaar Mehimaa Fir N Hoth Bioug ||1||	Uttering His Praises, and hearing of His infinite glory, you shall never suffer separation from Him again. ||1||	ਉਸ ਬੇਅੰਤ ਪਰਮਾਤਮਾ ਦੀ ਵਡਿਆਈ ਤੇ ਗੁਣ ਗਾਵਿਆਂ ਤੇ ਸੁਣਿਆਂ ਮੁੜ ਕਦੇ ਉਸ ਦੇ ਚਰਨਾਂ ਨਾਲੋਂ ਵਿਛੋੜਾ ਨਹੀਂ ਹੁੰਦਾ ॥੧॥
22553	502	ਮਨ ਚਰਣਾਰਬਿੰਦ ਉਪਾਸ॥	(ਉਪਾਸ) ਭਗਤੀ	Man Charanaarabindh Oupaas ||	O my mind, worship the Lord's Lotus Feet.	ਹੇ ਮੇਰੇ ਮਨ! ਪਰਮਾਤਮਾ ਦੇ ਸੋਹਣੇ ਕੋਮਲ ਚਰਨਾਂ ਦੀ ਉਪਾਸਨਾ ਕਰਦਾ ਰਿਹਾ ਕਰ।
22554	502	ਕਲਿ ਕਲੇਸ ਮਿਟੰਤ ਸਿਮਰਣਿ ਕਾਟਿ ਜਮਦੂਤ ਫਾਸ॥੧॥ਰਹਾਉ॥		Kal Kalaes Mittanth Simaran Kaatt Jamadhooth Faas ||1|| Rehaao ||	Meditating in remembrance, strife and sorrow are ended, and the noose of the Messenger of Death is snapped. ||1||Pause||	(ਹਰਿ-ਨਾਮ-) ਸਿਮਰਨ ਦੀ ਬਰਕਤਿ ਨਾਲ ਸਾਰੇ ਦੁੱਖ-ਕਲੇਸ਼ ਮਿਟ ਜਾਂਦੇ ਹਨ (ਸਿਮਰਨ ਨਾਲ) ਤੂੰ ਜਮਦੂਤਾਂ ਦੀਆਂ ਮੋਹ ਦੀਆਂ ਉਹ ਫਾਹੀਆਂ ਕੱਟ ਲੈ (ਜੋ ਆਤਮਕ ਮੌਤ ਲਿਆਉਂਦੀਆਂ ਹਨ) ॥੧॥ ਰਹਾਉ ॥

22555	502	ਸਤ੍ਰੁ ਦਹਨ ਹਰਿ ਨਾਮ ਕਹਨ ਅਵਰ ਕਛੁ ਨ ਉਪਾਉ॥	(ਦਹਨ) ਨਾਸ,ਸੱਤ੍ਰ	Sathra Dhehan Har Naam Kehan Avar Kashh N Oupaao ||	Chant the Name of the Lord, and your enemies shall be consumed; there is no other way.	ਹੇ ਮਨ! ਪਰਮਾਤਮਾ ਦਾ ਨਾਮ ਸਿਮਰਨਾ ਹੀ ਕਾਮਾਦਿਕ ਵੈਰੀਆਂ ਨੂੰ ਸਾੜਨ ਲਈ ਵਸੀਲਾ ਹੈ, (ਇਸ ਤੋਂ ਬਿਨਾ ਇਹਨਾਂ ਤੋਂ ਬਚਣ ਲਈ) ਹੋਰ ਕੋਈ ਤਰੀਕਾ ਨਹੀਂ ਹੈ।
22556	502	ਕਰਿ ਅਨੁਗ੍ਰਹੁ ਪ੍ਰਭੂ ਮੇਰੇ ਨਾਨਕ ਨਾਮ ਸੁਆਉ॥੨॥੧॥੩੧॥	(ਸੁਆਉ) ਮਨੋਰਥ, ਅ-ਨੁੱਗ੍ਰਹੁ	Kar Anugrahu Prabhoo Maerae Naanak Naam Suaao ||2||1||31||	Show Mercy, O my God, and bestow upon Nanak the taste of the Naam, the Name of the Lord. ||2||1||31||	ਹੇ ਨਾਨਕ! (ਆਖ-) ਹੇ ਮੇਰੇ ਪ੍ਰਭੂ! ਮੇਹਰ ਕਰ, ਤੇਰਾ ਨਾਮ ਸਿਮਰਨਾ ਹੀ ਮੇਰੇ ਜੀਵਨ ਦਾ ਮਨੋਰਥ ਬਣਿਆ ਰਹੇ ॥੨॥੧॥੩੧॥
22557	502	ਗੂਜਰੀ ਮਹਲਾ ੫॥		Goojaree Mehalaa 5 ||	Goojaree, Fifth Mehl:	
22558	502	ਤੂੰ ਸਮਰਥੁ ਸਰਨਿ ਕੋ ਦਾਤਾ ਦੁਖਭੰਜਨੁ ਸੁਖ ਰਾਇ॥	ਸਮਰੱਥੁ	Thoon Samarathh Saran Ko Dhaathaa Dhukh Bhanjan Sukh Raae ||	You are the Almighty Lord, the Giver of Sanctuary, the Destroyer of pain, the King of happiness.	ਹੇ ਪ੍ਰਭੂ! ਤੂੰ ਸਾਰੀਆਂ ਤਾਕਤਾਂ ਦਾ ਮਾਲਕ ਹੈਂ, ਤੂੰ ਸਰਨ ਆਏ ਨੂੰ ਸਹਾਰਾ ਦੇਣ ਵਾਲਾ ਹੈਂ, ਤੂੰ (ਜੀਵਾਂ ਦੇ) ਦੁੱਖ ਦੂਰ ਕਰਨ ਵਾਲਾ ਹੈਂ, ਤੇ ਸੁਖ ਦੇਣ ਵਾਲਾ ਹੈਂ।
22559	502	ਜਾਹਿ ਕਲੇਸ ਮਿਟੇ ਭੈ ਭਰਮਾ ਨਿਰਮਲ ਗੁਣ ਪ੍ਰਭ ਗਾਇ॥੧॥		Jaahi Kalaes Mittae Bhai Bharamaa Niramal Gun Prabh Gaae ||1||	Troubles depart, and fear and doubt are dispelled, singing the Glorious Praises of the Immaculate Lord God. ||1||	ਤੇਰੇ ਪਵਿਤ੍ਰ ਗੁਣ ਗਾ ਗਾ ਕੇ ਜੀਵਾਂ ਦੇ ਦੁੱਖ ਦੂਰ ਹੋ ਜਾਂਦੇ ਹਨ, ਸਾਰੇ ਡਰ ਭਰਮ ਮਿਟ ਜਾਂਦੇ ਹਨ ॥੧॥

22560	502	ਗੋਵਿੰਦ ਤੁਝ ਬਿਨੁ ਅਵਰੁ ਨ ਠਾਉ॥		Govindh Thujh Bin Avar N Thaao ||	O Lord of the Universe, without You, there is no other place.	ਹੇ ਮੇਰੇ ਗੋਵਿੰਦ! ਤੈਥੋਂ ਬਿਨਾ ਮੇਰਾ ਹੋਰ ਕੋਈ ਆਸਰਾ ਨਹੀਂ।
22561	502	ਕਰਿ ਕਿਰਪਾ ਪਾਰਬ੍ਰਹਮ ਸੁਆਮੀ ਜਪੀ ਤੁਮਾਰਾ ਨਾਉ॥ਰਹਾਉ॥		Kar Kirapaa Paarabreham Suaamee Japee Thumaaraa Naao || Rehaao ||	Show Mercy to me, O Supreme Lord Master, that I may chant Your Name. ||Pause||	ਹੇ ਪਾਰਬ੍ਰਹਮ! ਹੇ ਸੁਆਮੀ! (ਮੇਰੇ ਉਤੇ) ਮੇਹਰ ਕਰ, ਮੈਂ (ਸਦਾ) ਤੇਰਾ ਨਾਮ ਜਪਦਾ ਰਹਾਂ। ਰਹਾਉ॥
22562	502	ਸਤਿਗੁਰ ਸੇਵਿ ਲਗੇ ਹਰਿ ਚਰਨੀ ਵਡੈਭਾਗਿ ਲਿਵ ਲਾਗੀ॥		Sathigur Saev Lagae Har Charanee Vaddai Bhaag Liv Laagee ||	Serving the True Guru, I am attached to the Lord's Lotus Feet; by great good fortune, I have embraced love for Him.	ਜੇਹੜੇ ਮਨੁੱਖ ਵੱਡੀ ਕਿਸਮਤਿ ਨਾਲ ਗੁਰੂ ਦੀ ਸਰਨ ਪੈ ਕੇ ਪ੍ਰਭੂ-ਚਰਨਾਂ ਵਿਚ ਜੁੜਦੇ ਹਨ, ਉਹਨਾਂ ਦੀ ਲਗਨ (ਪਰਮਾਤਮਾ ਨਾਲ) ਲੱਗ ਜਾਂਦੀ ਹੈ,
22563	503	ਕਵਲ ਪ੍ਰਗਾਸ ਭਏ ਸਾਧਸੰਗੇ ਦੁਰਮਤਿ ਬੁਧਿ ਤਿਆਗੀ॥੨॥		Kaval Pragaas Bheae Saadhhasangae Dhuramath Budhh Thiaagee ||2||	My heart lotus blossoms forth in the Saadh Sangat, the Company of the Holy; I have renounced evil-mindedness and intellectualism. ||2||	ਗੁਰੂ ਦੀ ਸੰਗਤ ਵਿਚ ਰਹਿ ਕੇ ਉਹਨਾਂ ਦੇ ਹਿਰਦੇ-ਕੌਲ ਖਿੜ ਜਾਂਦੇ ਹਨ, ਉਹ ਖੋਟੀ ਮਤਿ ਵਾਲੀ ਬੁੱਧੀ ਤਿਆਗ ਦੇਂਦੇ ਹਨ ॥੨॥

22564	503	ਆਠ ਪਹਰ ਹਰਿ ਕੇ ਗੁਣ ਗਾਵੈ ਸਿਮਰੈ ਦੀਨ ਦੈਆਲਾ॥		Aath Pehar Har Kae Gun Gaavai Simarai Dheen Dhaiaalaa ||	One who sings the Glorious Praises of the Lord, twenty-four hours a day, and remembers the Lord in meditation, who is Kind to the poor,	ਜੇਹੜਾ ਮਨੁੱਖ ਅੱਠੇ ਪਹਰ ਪਰਮਾਤਮਾ ਦੇ ਗੁਣ ਗਾਂਦਾ ਹੈ, ਦੀਨਾਂ ਉਤੇ ਦਇਆ ਕਰਨ ਵਾਲੇ ਦਾ ਨਾਮ ਸਿਮਰਦਾ ਹੈ,
22565	503	ਆਪਿ ਤਰੈ ਸੰਗਤਿ ਸਭ ਉਧਰੈ ਬਿਨਸੇ ਸਗਲ ਜੰਜਾਲਾ॥੩॥		Aap Tharai Sangath Sabh Oudhharai Binasae Sagal Janjaalaa ||3||	Saves himself, and redeems all his generations; all of his bonds are released. ||3||	ਉਹ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ, ਉਸ ਦੇ ਨਾਲ ਮੇਲ ਰੱਖਣ ਵਾਲਾ ਸਾਥ ਭੀ ਪਾਰ ਲੰਘ ਜਾਂਦਾ ਹੈ, ਉਸ ਦੇ ਸਾਰੇ ਮਾਇਕ-ਬੰਧਨ ਨਾਸ ਹੋ ਜਾਂਦੇ ਹਨ ॥੩॥
22566	503	ਚਰਣ ਅਧਾਰੁ ਤੇਰਾ ਪ੍ਰਭ ਸੁਆਮੀ ਓਤਿ ਪੋਤਿ ਪ੍ਰਭੁ ਸਾਥਿ॥	(ਓਤਿ ਪੋਤਿ) ਲਭਾ ਲਭ ਭਰਪੂਰ	Charan Adhhaar Thaeraa Prabh Suaamee Outh Poth Prabh Saathh ||	I take the Support of Your Feet, O God, O Lord and Master; you are with me through and through, God.	ਹੇ ਪ੍ਰਭੂ! ਹੇ ਸੁਆਮੀ! ਜਿਸ ਮਨੁੱਖ ਨੇ ਤੇਰੇ ਚਰਨਾਂ ਨੂੰ ਆਪਣੀ ਜ਼ਿੰਦਗੀ ਦਾ ਸਹਾਰਾ ਬਣਾ ਲਿਆ, ਤੂੰ ਮਾਲਕ ਤਾਣੇ ਪੇਟੇ ਵਾਂਗ ਸਦਾ ਉਸ ਦੇ ਨਾਲ ਰਹਿੰਦਾ ਹੈਂ।
22567	503	ਸਰਨਿ ਪਰਿਓ ਨਾਨਕ ਪ੍ਰਭ ਤੁਮਰੀ ਦੇ ਰਾਖਿਓ ਹਰਿ ਹਾਥ॥੪॥੨॥੩੨॥		Saran Pariou Naanak Prabh Thumaree Dhae Raakhiou Har Haathh ||4||2||32||	Nanak has entered Your Sanctuary, God; giving him His hand, the Lord has protected him. ||4||2||32||	ਹੇ ਨਾਨਕ! (ਆਖ-) ਹੇ ਪ੍ਰਭੂ! ਜੇਹੜਾ ਮਨੁੱਖ ਤੇਰੀ ਸਰਨ ਆ ਪਿਆ, ਹੇ ਹਰੀ! ਤੂੰ ਉਸ ਨੂੰ ਆਪਣੇ ਹੱਥ ਦੇ ਕੇ (ਸੰਸਾਰ-ਸਮੁੰਦਰ ਤੋਂ) ਬਚਾਂਦਾ ਹੈਂ ॥੪॥੨॥੩੨॥

22568	503	ਗੂਜਰੀ ਅਸਟਪਦੀਆ ਮਹਲਾ ੧ ਘਰੁ ੧	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ।	Goojaree Asattapadheeaa Mehalaa 1 Ghar 1	Goojaree, Ashtapadees, First Mehl, First House:	ਰਾਗ ਗੂਜਰੀ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
22569	503	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22570	503	ਏਕ ਨਗਰੀ ਪੰਚ ਚੋਰ ਬਸੀਅਲੇ ਬਰਜਤ ਚੋਰੀ ਧਾਵੈ॥	ਨੱਗਰੀ। (ਬਰਜਤ) ਰੋਕਦਿਆਂ ਤੋਂ ਵੀ	Eaek Nagaree Panch Chor Baseealae Barajath Choree Dhhaavai ||	In the one village of the body, live the five thieves; they have been warned, but they still go out stealing.	ਇਸ ਇਕੋ ਹੀ (ਸਰੀਰ-) ਨਗਰ ਵਿਚ (ਕਾਮਾਦਿਕ) ਪੰਜ ਚੋਰ ਵੱਸੇ ਹੋਏ ਹਨ, ਵਰਜਦਿਆਂ ਭੀ (ਇਹਨਾਂ ਵਿਚੋਂ ਹਰੇਕ ਇਸ ਨਗਰ ਵਿਚਲੇ ਆਤਮਕ ਗੁਣਾਂ ਨੂੰ) ਚੁਰਾਣ ਲਈ ਉੱਠ ਦੌੜਦਾ ਹੈ।
22571	503	ਤ੍ਰਿਹਦ ਸਮਾਲ ਰਖੈ ਜੋ ਨਾਨਕ ਮੋਖ ਮੁਕਤਿ ਸੋ ਪਾਵੈ॥੧॥	ਔਗੁਣਾਂ ਵਿਕਾਰਾਂ (ਤ੍ਰਿਹਦ) ਚੋਰਾਂ ਤੋਂ ਸਤਿ ਸੰਤੋਖ ਸ਼ੁਭ ਗੁਣਾਂ ਨੂੰ ਸਮਾਲ ਸੰਭਾਲ	Thrihadhas Maal Rakhai Jo Naanak Mokh Mukath So Paavai ||1||	One who keeps his assets safe from the three modes and the ten passions, O Nanak, attains liberation and emancipation. ||1||	(ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾ ਕੇ) ਜੇਹੜਾ ਮਨੁੱਖ (ਇਹਨਾਂ ਪੰਜਾਂ ਤੋਂ) ਮਾਇਆ ਦੇ ਤਿੰਨ ਗੁਣਾਂ ਤੋਂ ਅਤੇ ਦਸ ਇੰਦ੍ਰਿਆਂ ਤੋਂ (ਆਪਣਾ ਆਤਮਕ ਗੁਣਾਂ ਦਾ) ਸਰਮਾਇਆ ਬਚਾ ਰੱਖਦਾ ਹੈ, ਹੇ ਨਾਨਕ! ਉਹ (ਇਹਨਾਂ ਤੋਂ) ਸਦਾ ਲਈ ਖ਼ਲਾਸੀ ਪ੍ਰਾਪਤ ਕਰ ਲੈਂਦਾ ਹੈ ॥੧॥

22572	503	ਚੇਤਹੁ ਬਾਸੁਦੇਉ ਬਨਵਾਲੀ॥	(ਬਨਵਾਲੀ) ਪ੍ਰਮਾਤਮਾ ਜੀ	Chaethahu Baasudhaeo Banavaalee ||	Center your mind on the all-pervading Lord, the Wearer of garlands of the jungles.	ਸਰਬ-ਵਿਆਪਕ ਜਗਤ-ਮਾਲਕ ਪਰਮਾਤਮਾ ਨੂੰ ਸਦਾ ਚੇਤੇ ਰੱਖੋ।
22573	503	ਰਾਮੁ ਰਿਦੈ ਜਪਮਾਲੀ॥੧॥ਰਹਾਉ ॥	(ਜਪਮਾਲੀ) ਜਪ ਕਰਨ ਦੀ ਮਾਲਾ	Raam Ridhai Japamaalee ||1|| Rehaao ||	Let your rosary be the chanting of the Lord's Name in your heart. ||1||Pause||	ਪ੍ਰਭੂ ਨੂੰ ਆਪਣੇ ਹਿਰਦੇ ਵਿਚ ਟਿਕਾਓ ਤੇ (ਇਸ ਨੂੰ ਆਪਣੀ) ਮਾਲਾ ਬਣਾਉ ॥੧॥ ਰਹਾਉ ॥
22574	503	ਉਰਧ ਮੂਲ ਜਿਸੁ ਸਾਖ ਤਲਾਹਾ ਚਾਰਿ ਬੇਦ ਜਿਤੁ ਲਾਗੇ॥		Ouradhh Mool Jis Saakh Thalaahaa Chaar Baedh Jith Laagae ||	Its roots extend upwards, and its branches reach down; the four Vedas are attached to it.	ਜਿਸ ਮਾਇਆ ਦਾ ਮੂਲ-ਪ੍ਰਭੂ, ਮਾਇਆ ਦੇ ਪ੍ਰਭਾਵ ਤੋਂ ਉੱਚਾ ਹੈ, ਜਗਤ ਪਸਾਰਾ ਜਿਸ ਮਾਇਆ ਦੇ ਪ੍ਰਭਾਵ ਹੇਠ ਹੈ, ਚਾਰੇ ਵੇਦ ਜਿਸ (ਮਾਇਆ ਦੇ ਬਲ ਦੇ ਜ਼ਿਕਰ) ਵਿਚ ਲੱਗੇ ਰਹੇ ਹਨ,
22575	503	ਸਹਜ ਭਾਇ ਜਾਇ ਤੇ ਨਾਨਕ ਪਾਰਬ੍ਰਹਮ ਲਿਵ ਜਾਗੇ॥੨॥	(੨. ਜਾਇਤੇ)	Sehaj Bhaae Jaae Thae Naanak Paarabreham Liv Jaagae ||2||	He alone reaches this tree with ease, O Nanak, who remains wakeful in the Love of the Supreme Lord God. ||2||	ਉਹ ਮਾਇਆ ਸਹਜੇ ਹੀ (ਉਹਨਾਂ ਬੰਦਿਆਂ ਤੋਂ) ਪਰੇ ਹਟ ਜਾਂਦੀ ਹੈ (ਜੋ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਂਦੇ ਹਨ, ਕਿਉਂਕਿ) ਉਹ ਬੰਦੇ, ਹੇ ਨਾਨਕ! ਪਰਮਾਤਮਾ (ਦੇ ਚਰਨਾਂ) ਵਿਚ ਸੁਰਤਿ ਜੋੜ ਕੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੇ ਹਨ ॥੨॥

22576	503	ਪਾਰਜਾਤੁ ਘਰਿ ਆਗਨਿ ਮੇਰੈ ਪੁਹਪ ਪਤ੍ਰ ਤਤੁ ਡਾਲਾ॥	(ਪਾਰਜਾਤੁ) ਕਲਪ ਬਿਰਛ,ਆਂਗਨਿ ਪੱਤ੍ਰ ਤੱਤੁ	Paarajaath Ghar Aagan Maerai Puhap Pathr Thath Ddaalaa ||	The Elysian Tree is the courtyard of my house; in it are the flowers, leaves and stems of reality.	ਉਹ (ਸਰਬ-ਇੱਛਾ-ਪੂਰਕ) ਪਾਰਜਾਤ (-ਪ੍ਰਭੂ) ਮੇਰੇ ਹਿਰਦੇ-ਆਂਗਨ ਵਿਚ ਪਰਗਟ ਹੋ ਗਿਆ ਹੈ (ਜਿਸ ਪਾਰਜਾਤ-ਪ੍ਰਭੂ ਦਾ) ਇਹ ਸਾਰਾ ਜਗਤ ਫੁੱਲ ਪੱਤਰ ਡਾਲੀਆਂ ਆਦਿਕ ਪਸਾਰਾ ਹੈ,
22577	503	ਸਰਬ ਜੋਤਿ ਨਿਰੰਜਨ ਸੰਭੂ ਛੋਡਹੁ ਬਹੁਤੁ ਜੰਜਾਲਾ॥੩॥		Sarab Joth Niranjan Sanbhoo Shhoddahu Bahuth Janjaalaa ||3||	Meditate on the self-existent, immaculate Lord, whose Light is pervading everywhere; renounce all your worldly entanglements. ||3||	ਜੋ ਪ੍ਰਭੂ ਸਾਰੇ ਜਗਤ ਦਾ ਮੂਲ ਹੈ, ਜਿਸ ਦੀ ਜੋਤਿ ਸਭ ਜੀਵਾਂ ਵਿਚ ਪਸਰ ਰਹੀ ਹੈ, ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੈ। (ਤੁਸੀ ਭੀ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਉ, ਇਸ ਤਰ੍ਹਾਂ) ਮਾਇਆ ਦੇ ਬਹੁਤੇ ਜੰਜਾਲ ਛੱਡ ਸਕੋਗੇ ॥੩॥
22578	503	ਸੁਣਿ ਸਿਖਵੰਤੇ ਨਾਨਕੁ ਬਿਨਵੈ ਛੋਡਹੁ ਮਾਇਆ ਜਾਲਾ॥	(ਸਿਖਵੰਤੇ) ਸਿਖਿਆ ਲੈਣ ਵਾਲੇ	Sun Sikhavanthae Naanak Binavai Shhoddahu Maaeiaa Jaalaa ||	Listen, O seekers of Truth - Nanak begs you to renounce the traps of Maya.	ਹੇ ਸਿੱਖਿਆ ਸੁਣਨ ਵਾਲੇ ਭਾਈ! ਜੋ ਬੇਨਤੀ ਨਾਨਕ ਕਰਦਾ ਹੈ ਉਹ ਸੁਣ! (ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਧਾਰਨ ਕਰ, ਇਸ ਤਰ੍ਹਾਂ ਤੂੰ) ਮਾਇਆ ਦੇ ਬੰਧਨ ਤਿਆਗ ਸਕੇਂਗਾ।

22579	503	ਮਨਿ ਬੀਚਾਰਿ ਏਕ ਲਿਵ ਲਾਗੀ ਪੁਨਰਪਿ ਜਨਮੁ ਨ ਕਾਲਾ॥੪॥	(ਪੁਨਰਪਿ) ਫਿਰ	Man Beechaar Eaek Liv Laagee Punarap Janam N Kaalaa ||4||	Reflect within your mind, that by enshrining love for the One Lord, you shall not be subject to birth and death again. ||4||	ਜਿਸ ਮਨੁੱਖ ਦੇ ਮਨ ਦੇ ਸੋਚ-ਮੰਡਲ ਵਿਚ ਇਕ ਪਰਮਾਤਮਾ ਦੀ ਲਿਵ ਲੱਗ ਜਾਂਦੀ ਹੈ ਉਸ ਨੂੰ ਮੁੜ ਮੁੜ ਜਨਮ ਮਰਨ (ਦਾ ਗੇੜ) ਨਹੀਂ ਹੁੰਦਾ ॥੪॥
22580	503	ਸੋ ਗੁਰੂ ਸੋ ਸਿਖੁ ਕਥੀਅਲੇ ਸੋ ਵੈਦੁ ਜਿ ਜਾਣੈ ਰੋਗੀ॥		So Guroo So Sikh Kathheealae So Vaidh J Jaanai Rogee ||	He alone is said to be a Guru, he alone is said to be a Sikh, and he alone is said to be a physician, who knows the patient's illness.	ਉਸ ਨੂੰ ਗੁਰੂ ਕਿਹਾ ਜਾ ਸਕਦਾ ਹੈ, (ਅਸਲ) ਸਿੱਖ ਕਿਹਾ ਜਾ ਸਕਦਾ ਹੈ, ਜਾਂ (ਅਸਲ) ਵੈਦ ਕਿਹਾ ਜਾ ਸਕਦਾ ਹੈ ਜੋ ਹੋਰ (ਆਤਮਕ) ਰੋਗੀਆਂ ਦੇ ਰੋਗ ਸਮਝ ਲੈਂਦਾ ਹੈ।
22581	503	ਤਿਸੁ ਕਾਰਣਿ ਕੰਮੁ ਨ ਧੰਧਾ ਨਾਹੀ ਧੰਧੈ ਗਿਰਹੀ ਜੋਗੀ॥੫॥		This Kaaran Kanm N Dhhandhhaa Naahee Dhhandhhai Girehee Jogee ||5||	He is not affected by actions, responsibilities and entanglements; in the entanglements of his household, he maintains the detachment of Yoga. ||5||	ਪਰਮਾਤਮਾ ਦੇ ਸਿਮਰਨ ਦੀ ਬਰਕਤਿ ਨਾਲ ਦੁਨੀਆ ਦਾ ਕੰਮ-ਧੰਧਾ ਉਸ ਨੂੰ ਵਿਆਪ ਨਹੀਂ ਸਕਦਾ, (ਪ੍ਰਭੂ ਦੇ ਸਿਮਰਨ ਸਦਕਾ) ਉਹ ਮਾਇਆ ਦੇ ਬੰਧਨ ਵਿਚ ਨਹੀਂ (ਫਸਦਾ), ਉਹ ਗ੍ਰਿਹਸਤੀ (ਹੁੰਦਾ ਭੀ) ਜੋਗੀ ਹੈ ॥੫॥

22582	503	ਕਾਮੁ ਕ੍ਰੋਧੁ ਅਹੰਕਾਰੁ ਤਜੀਅਲੇ ਲੋਭੁ ਮੋਹੁ ਤਿਸ ਮਾਇਆ॥		Kaam Krodhh Ahankaar Thajeealae Lobh Mohu This Maaeiaa ||	He renounces sexual desire, anger, egotism, greed, attachment and Maya.	ਉਸ ਨੇ ਕਾਮ ਕ੍ਰੋਧ ਤੇ ਅਹੰਕਾਰ ਤਿਆਗ ਦਿੱਤਾ ਹੈ, ਉਸ ਨੇ ਲੋਭ ਮੋਹ ਤੇ ਮਾਇਆ ਦੀ ਤ੍ਰਿਸ਼ਨਾ ਛੱਡ ਦਿੱਤੀ ਹੈ,
22583	503	ਮਨਿ ਤਤੁ ਅਵਿਗਤੁ ਧਿਆਇਆ ਗੁਰ ਪਰਸਾਦੀ ਪਾਇਆ॥੬॥	(ਅਵਿਗਤੁ) ਪ੍ਰਮਾਤਮਾ।ਅਵਿ-ਗਤੁ: ਪੋਲਾ ਬੋਲੋ	Man Thath Avigath Dhhiaaeiaa Gur Parasaadhee Paaeiaa ||6||	Within his mind, he meditates on the reality of the Imperishable Lord; by Guru's Grace he finds Him. ||6||	ਜਿਸ ਮਨੁੱਖ ਨੇ ਗੁਰੂ ਦੀ ਮੇਹਰ ਨਾਲ ਆਪਣੇ ਮਨ ਵਿਚ ਜਗਤ-ਮੂਲ ਅਦ੍ਰਿਸ਼ਟ ਪ੍ਰਭੂ ਨੂੰ ਸਿਮਰਿਆ ਹੈ ਤੇ ਉਸ ਨਾਲ ਮਿਲਾਪ ਹਾਸਲ ਕਰ ਲਿਆ ਹੈ ॥੬॥
22584	503	ਗਿਆਨੁ ਧਿਆਨੁ ਸਭ ਦਾਤਿ ਕਥੀਅਲੇ ਸੇਤ ਬਰਨ ਸਭਿ ਦੂਤਾ॥	(ਸੇਤ) ਚਿੱਟਾ	Giaan Dhhiaan Sabh Dhaath Kathheealae Saeth Baran Sabh Dhoothaa ||	Spiritual wisdom and meditation are all said to be God's gifts; all of the demons are turned white before him.	ਪਰਮਾਤਮਾ ਨਾਲ ਡੂੰਘੀ ਸਾਂਝ ਬਣਨੀ, ਪ੍ਰਭੂ-ਚਰਨਾਂ ਵਿਚ ਸੁਰਤਿ ਜੁੜਨੀ; ਇਹ ਸਭ ਪ੍ਰਭੂ ਦੀ ਦਾਤ ਹੀ ਕਹੀ ਜਾ ਸਕਦੀ ਹੈ, (ਜਿਸ ਨੂੰ ਇਹ ਦਾਤ ਮਿਲਦੀ ਹੈ ਉਸ ਨੂੰ ਤੱਕ ਕੇ) ਕਾਮਾਦਿਕ ਵੈਰੀਆਂ ਦਾ ਰੰਗ ਫੱਕ ਹੋ ਜਾਂਦਾ ਹੈ,

22585	503	ਬ੍ਰਹਮ ਕਮਲ ਮਧੁ ਤਾਸੁ ਰਸਾਦੰ ਜਾਗਤ ਨਾਹੀ ਸੂਤਾ॥੭॥	ਜਿਸ ਗੁਰਸੇਵਕ ਜੀ ਨੇਬ੍ਰਹਮ ਰੂਪੀ ਕਮਲ ਦਾ। (ਮਧੁ) ਅੰਮ੍ਰਿਤ ਬ੍ਰਹਮਾਨੰਦ ਰਸ। (ਰਸਾਦੰ) ਚੱਖਿਆ ਹੈ	Breham Kamal Madhh Thaas Rasaadhan Jaagath Naahee Soothaa ||7||	He enjoys the taste of the honey of God's lotus; he remains awake, and does not fall asleep. ||7||	ਕਿਉਂਕਿ ਸਿਮਰਨ ਦੀ ਬਰਕਤਿ ਨਾਲ ਉਸ ਦੇ ਹਿਰਦੇ ਵਿਚ, ਮਾਨੋ) ਬ੍ਰਹਮ-ਰੂਪ ਕਮਲ ਦਾ ਸ਼ਹਿਦ (ਚੋਣ ਲੱਗ ਪੈਂਦਾ) ਹੈ, ਉਸ (ਨਾਮ-ਅੰਮ੍ਰਿਤ ਸ਼ਹਿਦ ਦਾ) ਰਸ ਉਹ ਮਨੁੱਖ ਚੱਖਦਾ ਹੈ (ਇਸ ਕਰਕੇ ਉਹ ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ, (ਮਾਇਆ-ਮੋਹ ਦੀ ਨੀਂਦ ਵਿਚ) ਗ਼ਾਫ਼ਿਲ ਨਹੀਂ ਹੁੰਦਾ ॥੭॥
22586	503	ਮਹਾ ਗੰਭੀਰ ਪਤ੍ਰ ਪਾਤਾਲਾ ਨਾਨਕ ਸਰਬ ਜੁ ਆਇਆ॥	ਐਸੇ ਜੋ ਮਹਾਨ ਸਰੂਪ ਬ੍ਰਹਮਜੀ ਹਨ, ਉਹ ਸਾਰਿਆਂ ਚ ਆਇ ਹਨ	Mehaa Ganbheer Pathr Paathaalaa Naanak Sarab Juaaeiaa ||	This lotus is very deep; its leaves are the nether regions, and it is connected to the whole universe.	ਹੇ ਨਾਨਕ! ਜੋ ਪ੍ਰਭੂ ਵੱਡੇ ਜਿਗਰੇ ਵਾਲਾ ਹੈ, ਸਾਰੇ ਪਾਤਾਲ (ਸਾਰਾ ਸੰਸਾਰ ਜਿਸ ਪਾਰਜਾਤ-ਪ੍ਰਭੂ) ਦੇ ਪੱਤਰ (ਪਸਾਰਾ) ਹਨ, ਜੋ ਸਭ ਜੀਵਾਂ ਵਿਚ ਵਿਆਪਕ ਹੈ,
22587	503	ਉਪਦੇਸ ਗੁਰੂ ਮਮ ਪੁਨਹਿ ਨ ਗਰਭੰ ਬਿਖੁ ਤਜਿ ਅੰਮ੍ਰਿਤੁ ਪੀਆਇਆ॥੮॥੧॥		Oupadhaes Guroo Mam Punehi N Garabhan Bikh Thaj Anmrith Peeaaeiaa ||8||1||	Under Guru's Instruction, I shall not have to enter the womb again; I have renounced the poison of corruption, and I drink in the Ambrosial Nectar. ||8||1||	ਗੁਰੂ ਦੇ ਉਪਦੇਸ ਦੀ ਬਰਕਤਿ ਨਾਲ ਮੈਂ ਉਸ ਦਾ ਨਾਮ-ਅੰਮ੍ਰਿਤ ਪੀਤਾ ਹੈ ਤੇ ਮਾਇਆ ਦਾ ਜ਼ਹਰ ਤਿਆਗਿਆ ਹੈ, ਹੁਣ ਮੇਰਾ ਮੁੜ ਮੁੜ ਗਰਭ-ਵਾਸ (ਜਨਮ ਮਰਨ) ਨਹੀਂ ਹੋਵੇਗਾ ॥੮॥੧॥
22588	503	ਗੂਜਰੀ ਮਹਲਾ ੧॥		Goojaree Mehalaa 1 ||	Goojaree, First Mehl:	

22589	503	ਕਵਨ ਕਵਨ ਜਾਚਹਿ ਪ੍ਰਭ ਦਾਤੇ ਤਾ ਕੇ ਅੰਤ ਨ ਪਰਹਿ ਸੁਮਾਰ॥		Kavan Kavan Jaachehi Prabh Dhaathae Thaa Kae Anth N Parehi Sumaar ||	Those who beg of God the Great Giver - their numbers cannot be counted.	ਹੇ ਦਾਤਾਰ ਪ੍ਰਭੂ! ਬੇਅੰਤ ਜੀਵ (ਤੇਰੇ ਦਰ ਤੋਂ ਦਾਤਾਂ) ਮੰਗਦੇ ਹਨ ਉਹਨਾਂ ਦੀ ਗਿਣਤੀ ਦੇ ਅੰਤ ਨਹੀਂ ਪੈ ਸਕਦੇ।
22590	503	ਜੈਸੀ ਭੂਖ ਹੋਇ ਅਭ ਅੰਤਰਿ ਤੂੰ ਸਮਰਥੁ ਸਚੁ ਦੇਵਣਹਾਰ॥੧॥	(ਅਭ) ਹਿਰਦਾ। ਸਮਰੱਥ	Jaisee Bhookh Hoe Abh Anthar Thoon Samarathh Sach Dhaevanehaar ||1||	You, Almighty True Lord, fulfill the desires within their hearts. ||1||	ਜਿਹੋ ਜਿਹੀ (ਕਿਸੇ ਦੇ) ਧੁਰ ਅੰਦਰ (ਮੰਗਣ ਦੀ) ਭੁੱਖ ਹੁੰਦੀ ਹੈ, ਹੇ ਦੇਣਹਾਰ ਪ੍ਰਭੂ! ਤੂੰ (ਪੂਰੀ ਕਰਦਾ ਹੈਂ), ਤੂੰ ਸਦਾ-ਥਿਰ ਹੈਂ ਤੇ ਦਾਤਾਂ ਦੇਣ ਜੋਗਾ ਹੈਂ ॥੧॥
22591	503	ਐ ਜੀ ਜਪੁ ਤਪੁ ਸੰਜਮੁ ਸਚੁ ਅਧਾਰ॥		Ai Jee Jap Thap Sanjam Sach Adhhaar ||	O Dear Lord, chanting, deep meditation, self-discipline and truth are my foundations.	ਹੇ ਪ੍ਰਭੂ ਜੀ! ਤੇਰਾ ਨਾਮ ਹੀ (ਸਾਡੇ ਵਾਸਤੇ) ਜਪ ਹੈ ਤਪ ਹੈ ਸੰਜਮ ਹੈ, ਤੇਰਾ ਨਾਮ ਹੀ (ਸਾਡੇ ਵਾਸਤੇ) ਸਦਾ-ਥਿਰ ਰਹਿਣ ਵਾਲਾ ਆਸਰਾ ਹੈ,
22592	503	ਹਰਿ ਹਰਿ ਨਾਮੁ ਦੇਹਿ ਸੁਖੁ ਪਾਈਐ ਤੇਰੀ ਭਗਤਿ ਭਰੇ ਭੰਡਾਰ॥੧॥ਰਹਾਉ॥		Har Har Naam Dhaehi Sukh Paaeeai Thaeree Bhagath Bharae Bhanddaar ||1|| Rehaao ||	Bless me with Your Name, Lord, that I may find peace. Your devotional worship is a treasure over-flowing. ||1||Pause||	(ਸਾਨੂੰ ਜੀਵਾਂ ਨੂੰ) ਆਪਣਾ ਨਾਮ ਦੇਹ (ਤੇਰੇ ਨਾਮ ਦੀ ਬਰਕਤਿ ਨਾਲ ਹੀ) ਆਤਮਕ ਆਨੰਦ ਮਿਲਦਾ ਹੈ (ਇਸ ਪਦਾਰਥ ਦੀ ਤੇਰੇ ਘਰ ਵਿਚ ਕੋਈ ਕਮੀ ਨਹੀਂ ਹੈ) ਤੇਰੀ ਭਗਤੀ ਦੇ (ਤੇਰੇ ਪਾਸ) ਖ਼ਜ਼ਾਨੇ ਭਰੇ ਪਏ ਹਨ ॥੧॥ ਰਹਾਉ ॥

22593	503	ਸੁੰਨ ਸਮਾਧਿ ਰਹਹਿ ਲਿਵ ਲਾਗੇ ਏਕਾ ਏਕੀ ਸਬਦੁ ਬੀਚਾਰ॥	ਰਹ-ਹਿ	Sunn Samaadhh Rehehi Liv Laagae Eaekaa Eaekee Sabadh Beechaar ||	Some remain absorbed in Samaadhi, their minds fixed lovingly on the One Lord; they reflect only on the Word of the Shabad.	(ਹੇ ਕਰਤਾਰ!) ਤਦੋਂ ਤੂੰ ਆਪ ਹੀ ਅਫੁਰ ਅਵਸਥਾ ਵਿਚ (ਆਪਣੇ ਅੰਦਰ) ਸੁਰਤਿ ਜੋੜ ਕੇ ਸਮਾਧੀ ਲਾਈ ਬੈਠਾ ਸੀ, ਤੂੰ ਇਕੱਲਾ ਆਪ ਹੀ ਆਪਣੇ ਇਰਾਦੇ ਨੂੰ ਸਮਝਦਾ ਸੀ,
22594	503	ਜਲੁ ਥਲੁ ਧਰਣਿ ਗਗਨੁ ਤਹ ਨਾਹੀ ਆਪੇ ਆਪੁ ਕੀਆ ਕਰਤਾਰ॥੨॥		Jal Thhal Dhharan Gagan Theh Naahee Aapae Aap Keeaa Karathaar ||2||	In that state, there is no water, land, earth or sky; only the Creator Lord Himself exists. ||2||	ਜਦੋਂ ਤੂੰ ਆਪਣੇ ਆਪ ਨੂੰ ਆਪ ਹੀ ਪਰਗਟ ਕੀਤਾ ਸੀ, ਤਦੋਂ ਨਾਹ ਪਾਣੀ ਸੀ, ਨਾਹ ਸੁੱਕ ਸੀ, ਨਾਹ ਧਰਤੀ ਸੀ, ਨਾਹ ਆਕਾਸ਼ ਸੀ ॥੨॥
22595	503	ਨਾ ਤਦਿ ਮਾਇਆ ਮਗਨੁ ਨ ਛਾਇਆ ਨਾ ਸੂਰਜ ਚੰਦ ਨ ਜੋਤਿ ਅਪਾਰ॥	(ਛਾਇਆ) ਅਵਿੱਦਿਆ	Naa Thadh Maaeiaa Magan N Shhaaeiaa Naa Sooraj Chandh N Joth Apaar ||	There is no intoxication of Maya there, and no shadow, nor the infinite light of the sun or the moon.	ਤਦੋਂ ਨਾਹ ਇਹ ਮਾਇਆ ਸੀ, ਨਾਹ ਇਸ ਮਾਇਆ ਦੇ ਪ੍ਰਭਾਵ ਵਿਚ ਮਸਤ ਕੋਈ ਜੀਵ ਸੀ, ਨਾਹ ਤਦੋਂ ਸੂਰਜ ਸੀ, ਨਾਹ ਚੰਦ੍ਰਮਾ ਸੀ, ਨਾਹ ਹੀ ਕੋਈ ਹੋਰ ਜੋਤਿ ਸੀ।

22596	503	ਸਰਬ ਦ੍ਰਿਸਟਿ ਲੋਚਨ ਅਭ ਅੰਤਰਿ ਏਕਾ ਨਦਰਿ ਸੁ ਤ੍ਰਿਭਵਣ ਸਾਰ॥੩॥		Sarab Dhrisatt Lochan Abh Anthar Eaekaa Nadhar S Thribhavan Saar ||3||	The eyes within the mind which see everything - with one glance, they see the three worlds. ||3||	ਹੇ ਪ੍ਰਭੂ! ਸਾਰੇ ਜੀਵਾਂ ਨੂੰ ਵੇਖ ਸਕਣ ਵਾਲੀ ਤੇਰੀ ਅੱਖ, ਤਿੰਨਾਂ ਭਵਨਾਂ ਦੀ ਸਾਰ ਲੈ ਸਕਣ ਵਾਲੀ ਤੇਰੀ ਆਪਣੀ ਹੀ ਨਜ਼ਰ ਤੇਰੇ ਆਪਣੇ ਹੀ ਅੰਦਰ ਟਿਕੀ ਹੋਈ ਸੀ ॥੩॥
22597	504	ਪਵਣੁ ਪਾਣੀ ਅਗਨਿ ਤਿਨਿ ਕੀਆ ਬ੍ਰਹਮਾ ਬਿਸਨੁ ਮਹੇਸ ਅਕਾਰ॥		Pavan Paanee Agan Thin Keeaa Brehamaa Bisan Mehaes Akaar ||	He created air, water and fire, Brahma, Vishnu and Shiva - the whole creation.	ਜਦੋਂ ਉਸ ਪਰਮਾਤਮਾ ਨੇ ਹਵਾ ਪਾਣੀ ਅੱਗ (ਆਦਿਕ ਤੱਤ) ਰਚੇ, ਤਾਂ ਬ੍ਰਹਮਾ ਵਿਸ਼ਨੂੰ ਸ਼ਿਵ ਆਦਿਕ ਦੇ ਵਜੂਦ ਰਚੇ।
22598	504	ਸਰਬੇ ਜਾਚਿਕ ਤੂੰ ਪ੍ਰਭੁ ਦਾਤਾ ਦਾਤਿ ਕਰੇ ਅਪੁਨੈ ਬੀਚਾਰ॥੪॥		Sarabae Jaachik Thoon Prabh Dhaathaa Dhaath Karae Apunai Beechaar ||4||	All are beggars; You alone are the Great Giver, God. You give Your gifts according to Your own considerations. ||4||	ਹੇ ਪ੍ਰਭੂ! (ਇਹ ਬ੍ਰਹਮਾ ਵਿਸ਼ਨੂੰ ਸ਼ਿਵ ਆਦਿਕ) ਸਾਰੇ ਹੀ (ਤੇਰੇ ਪੈਦਾ ਕੀਤੇ ਜੀਵ ਤੇਰੇ ਦਰ ਦੇ) ਮੰਗਤੇ ਹਨ ਤੂੰ ਸਭ ਨੂੰ ਦਾਤਾਂ ਦੇਣ ਵਾਲਾ ਹੈਂ। (ਸਮਰੱਥ ਪ੍ਰਭੂ) ਆਪਣੀ ਵਿਚਾਰ ਅਨੁਸਾਰ (ਸਭ ਨੂੰ) ਦਾਤਾਂ ਦੇਂਦਾ ਹੈਂ ॥੪॥

22599	504	ਕੋਟਿ ਤੇਤੀਸ ਜਾਚਹਿ ਪ੍ਰਭ ਨਾਇਕ ਦੇਦੇ ਤੋਟਿ ਨਾਹੀ ਭੰਡਾਰ॥		Kott Thaethees Jaachehi Prabh Naaeik Dhaedhae Thott Naahee Bhanddaar ||	Three hundred thirty million gods beg of God the Master; even as He gives, His treasures are never exhausted.	ਹੇ ਸਭ ਦੀ ਅਗਵਾਈ ਕਰਨ ਵਾਲੇ ਪ੍ਰਭੂ! ਤੇਤੀ ਕ੍ਰੋੜ ਦੇਵਤੇ (ਭੀ ਤੇਰੇ ਦਰ ਤੋਂ) ਮੰਗਦੇ ਹਨ। (ਉਹਨਾਂ ਨੂੰ ਦਾਤਾਂ) ਦੇ ਦੇ ਕੇ ਤੇਰੇ ਖ਼ਜ਼ਾਨਿਆਂ ਵਿਚ ਘਾਟਾ ਨਹੀਂ ਪੈਂਦਾ।
22600	504	ਊਂਧੈ ਭਾਂਡੈ ਕਛੁ ਨ ਸਮਾਵੈ ਸੀਧੈ ਅੰਮ੍ਰਿਤੁ ਪਰੈ ਨਿਹਾਰ॥੫॥	(ਊਂਧੈ) ਪੁੱਠੇ	Oonadhhai Bhaanddai Kashh N Samaavai Seedhhai Anmrith Parai Nihaar ||5||	Nothing can be contained in a vessel turned upside-down; Ambrosial Nectar pours into the upright one. ||5||	(ਮਾਇਕ ਪਦਾਰਥ ਤਾਂ ਸਭ ਨੂੰ ਮਿਲਦੇ ਹਨ, ਪਰ) ਸਰਧਾ-ਹੀਨ ਹਿਰਦੇ ਵਿਚ (ਤੇਰੇ ਨਾਮ-ਅੰਮ੍ਰਿਤ ਦੀ ਦਾਤ ਵਿਚੋਂ) ਕੁਝ ਭੀ ਨਹੀਂ ਟਿਕਦਾ, ਤੇ ਸਰਧਾ-ਭਰਪੂਰ ਹਿਰਦੇ ਵਿਚ ਤੇਰੀ ਮੇਹਰ ਦੀ ਨਿਗਾਹ ਨਾਲ ਆਤਮਕ ਜੀਵਨ ਦੇਣ ਵਾਲਾ ਤੇਰਾ ਨਾਮ ਟਿਕਦਾ ਹੈ ॥੫॥
22601	504	ਸਿਧ ਸਮਾਧੀ ਅੰਤਰਿ ਜਾਚਹਿ ਰਿਧਿ ਸਿਧਿ ਜਾਚਿ ਕਰਹਿ ਜੈਕਾਰ॥		Sidhh Samaadhhee Anthar Jaachehi Ridhh Sidhh Jaach Karehi Jaikaar ||	The Siddhas in Samaadhi beg for wealth and miracles, and proclaim His victory.	ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ ਭੀ ਸਮਾਧੀ ਵਿਚ ਟਿਕ ਕੇ ਤੈਥੋਂ ਹੀ ਮੰਗਦੇ ਹਨ, ਕਰਾਮਾਤੀ ਤਾਕਤਾਂ ਮੰਗ ਮੰਗ ਕੇ ਤੇਰੀ ਜੈ-ਜੈ ਕਾਰ ਕਰਦੇ ਹਨ।

22602	504	ਜੈਸੀ ਪਿਆਸ ਹੋਇ ਮਨ ਅੰਤਰਿ ਤੈਸੋ ਜਲੁ ਦੇਵਹਿ ਪਰਕਾਰ॥੬॥		Jaisee Piaas Hoe Man Anthar Thaiso Jal Dhaevehi Parakaar ||6||	As is the thirst within their minds, so is the water which You give to them. ||6||	(ਇਹੀ ਆਖਦੇ ਹਨ-ਤੇਰੀ ਜੈ ਹੋਵੇ, ਤੇਰੀ ਜੈ ਹੋਵੇ) ਜਿਹੋ ਜਿਹੀ ਕਿਸੇ ਦੇ ਮਨ ਵਿਚ (ਮੰਗਣ ਦੀ) ਪਿਆਸ ਹੁੰਦੀ ਹੈ, ਤੂੰ, ਹੇ ਪ੍ਰਭੂ! ਉਸੇ ਕਿਸਮ ਦਾ ਜਲ ਦੇ ਦੇਂਦਾ ਹੈਂ ॥੬॥
22603	504	ਬਡੇਭਾਗ ਗੁਰੁ ਸੇਵਹਿ ਅਪੁਨਾ ਭੇਦੁ ਨਾਹੀ ਗੁਰਦੇਵ ਮੁਰਾਰ॥		Baddae Bhaag Gur Saevehi Apunaa Bhaedh Naahee Guradhaev Muraar ||	The most fortunate ones serve their Guru; there is no difference between the Divine Guru and the Lord.	ਪਰ ਅਸਲੀ ਵੱਡੇ ਭਾਗ ਉਹਨਾਂ ਬੰਦਿਆਂ ਦੇ ਹਨ ਜੋ ਆਪਣੇ ਗੁਰੂ ਦੀ ਦੱਸੀ ਸੇਵਾ ਕਰਦੇ ਹਨ। ਗੁਰੂ ਤੇ ਪਰਮਾਤਮਾ ਵਿਚ ਕੋਈ ਫ਼ਰਕ ਨਹੀਂ ਹੁੰਦਾ।
22604	504	ਤਾ ਕਉ ਕਾਲੁ ਨਾਹੀ ਜਮੁ ਜੋਹੈ ਬੂਝਹਿ ਅੰਤਰਿ ਸਬਦੁ ਬੀਚਾਰ॥੭॥	(ਜੋਹੈ) ਦੇਖਣਾ	Thaa Ko Kaal Naahee Jam Johai Boojhehi Anthar Sabadh Beechaar ||7||	The Messenger of Death cannot see those who come to realize within their minds the contemplative meditation of the Word of the Shabad. ||7||	ਜੇਹੜੇ ਬੰਦੇ ਆਪਣੇ ਸੋਚ-ਮੰਡਲ ਵਿਚ (ਮਾਇਕ ਪਦਾਰਥਾਂ ਦੀ ਮੰਗ ਦੇ ਥਾਂ) ਗੁਰੂ ਦੇ ਸ਼ਬਦ ਨੂੰ ਸਮਝਦੇ ਹਨ, ਆਤਮਕ ਮੌਤ ਉਹਨਾਂ ਦੇ ਨੇੜੇ ਨਹੀਂ ਢੁਕ ਸਕਦੀ ॥੭॥
22605	504	ਅਬ ਤਬ ਅਵਰੁ ਨ ਮਾਗਉ ਹਰਿ ਪਹਿ ਨਾਮੁ ਨਿਰੰਜਨ ਦੀਜੈ ਪਿਆਰਿ॥		Ab Thab Avar N Maago Har Pehi Naam Niranjan Dheejai Piaar ||	I shall never ask anything else of the Lord; please, bless me with the Love of Your Immaculate Name.	(ਇਸ ਵਾਸਤੇ) ਮੈਂ ਕਦੇ ਭੀ ਪਰਮਾਤਮਾ ਪਾਸੋਂ ਹੋਰ ਕੁਝ ਨਹੀਂ ਮੰਗਦਾ। (ਮੈਂ ਇਹ ਅਰਦਾਸ ਕਰਦਾ ਹਾਂ:) ਹੇ ਨਿਰੰਜਨ ਪ੍ਰਭੂ! ਪਿਆਰ ਦੀ ਨਿਗਾਹ ਨਾਲ ਮੈਨੂੰ ਆਪਣਾ ਨਾਮ ਬਖ਼ਸ਼।

22606	504	ਨਾਨਕ ਚਾਤ੍ਰਿਕੁ ਅੰਮ੍ਰਿਤ ਜਲੁ ਮਾਗੈ ਹਰਿ ਜਸੁ ਦੀਜੈ ਕਿਰਪਾ ਧਾਰਿ॥੮॥੨॥	ਚਾਤ੍ਰਿਕੁ	Naanak Chaathrik Anmrith Jal Maagai Har Jas Dheejai Kirapaa Dhhaar ||8||2||	Nanak, the song-bird, begs for the Ambrosial Water; O Lord, shower Your Mercy upon him, and bless him with Your Praise. ||8||2||	ਨਾਨਕ ਪਪੀਹਾ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਮੰਗਦਾ ਹੈ। ਹੇ ਹਰੀ! ਕਿਰਪਾ ਕਰ ਕੇ ਆਪਣੀ ਸਿਫ਼ਤ-ਸਾਲਾਹ ਦੇਹ ॥੮॥੨॥
22607	504	ਗੂਜਰੀ ਮਹਲਾ ੧॥		Goojaree Mehalaa 1 ||	Goojaree, First Mehl:	
22608	504	ਐ ਜੀ ਜਨਮਿ ਮਰੈ ਆਵੈ ਫੁਨਿ ਜਾਵੈ ਬਿਨੁ ਗੁਰ ਗਤਿ ਨਹੀ ਕਾਈ॥		Ai Jee Janam Marai Aavai Fun Jaavai Bin Gur Gath Nehee Kaaee ||	O Dear One, he is born, and then dies; he continues coming and going; without the Guru, he is not emancipated.	ਹੇ ਭਾਈ! (ਜੇਹੜਾ ਮਨੁੱਖ ਗੁਰੂ ਦੀ ਸਰਨ ਨਹੀਂ ਪੈਂਦਾ, ਉਹ) ਜੰਮਦਾ ਹੈ ਮਰਦਾ ਹੈ ਫਿਰ ਜੰਮਦਾ ਹੈ ਮਰਦਾ ਹੈ। ਉਸ ਦਾ ਇਹ ਗੇੜ ਬਣਿਆ ਰਹਿੰਦਾ ਹੈ, (ਕਿਉਂਕਿ) ਗੁਰੂ (ਦੀ ਸਰਨ) ਤੋਂ ਬਿਨਾ ਉੱਚੀ ਆਤਮਕ ਅਵਸਥਾ ਨਹੀਂ ਬਣਦੀ।
22609	504	ਗੁਰਮੁਖਿ ਪ੍ਰਾਣੀ ਨਾਮੇ ਰਾਤੇ ਨਾਮੇ ਗਤਿ ਪਤਿ ਪਾਈ॥੧॥		Guramukh Praanee Naamae Raathae Naamae Gath Path Paaee ||1||	Those mortals who become Gurmukhs are attuned to the Naam, the Name of the Lord; through the Name, they obtain salvation and honor. ||1||	ਜੇਹੜੇ ਪ੍ਰਾਣੀ ਗੁਰੂ ਦੀ ਸਰਨ ਪੈਂਦੇ ਹਨ ਉਹ (ਪਰਮਾਤਮਾ ਦੇ) ਨਾਮ ਵਿਚ ਹੀ ਰੰਗੇ ਰਹਿੰਦੇ ਹਨ, ਤੇ ਨਾਮ ਵਿਚ ਰੰਗੇ ਰਹਿਣ ਕਰਕੇ ਉਹ ਉੱਚੀ ਆਤਮਕ ਅਵਸਥਾ ਤੇ ਇੱਜ਼ਤ ਪ੍ਰਾਪਤ ਕਰ ਲੈਂਦੇ ਹਨ ॥੧॥

22610	504	ਭਾਈ ਰੇ ਰਾਮ ਨਾਮਿ ਚਿਤੁ ਲਾਈ॥		Bhaaee Rae Raam Naam Chith Laaee ||	O Siblings of Destiny, focus your consciousness lovingly on the Lord's Name.	ਹੇ ਭਾਈ! ਤੂੰ ਭੀ ਪਰਮਾਤਮਾ ਦੇ ਨਾਮ ਵਿਚ ਚਿੱਤ ਜੋੜ,
22611	504	ਗੁਰ ਪਰਸਾਦੀ ਹਰਿ ਪ੍ਰਭ ਜਾਚੇ ਐਸੀ ਨਾਮ ਬਡਾਈ॥੧॥ਰਹਾਉ॥		Gur Parasaadhee Har Prabh Jaachae Aisee Naam Baddaaee ||1|| Rehaao ||	By Guru's Grace, one begs of the Lord God; such is the glorious greatness of the Naam. ||1||Pause||	ਗੁਰੂ ਦੀ ਮੇਹਰ ਨਾਲ (ਭਾਵ, ਗੁਰੂ ਦੀ ਮੇਹਰ ਦਾ ਪਾਤਰ ਬਣ ਕੇ) ਤੂੰ ਹਰੀ ਪ੍ਰਭੂ ਪਾਸੋਂ ਨਾਮ ਦੀ ਦਾਤ ਹੀ ਮੰਗ! ਪਰਮਾਤਮਾ ਦਾ ਨਾਮ ਜਪਣ ਦੀ ਬਰਕਤ ਹੁੰਦੀ ਹੈ (ਕਿ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ) ॥੧॥ ਰਹਾਉ ॥
22612	504	ਐ ਜੀ ਬਹੁਤੇ ਭੇਖ ਕਰਹਿ ਭਿਖਿਆ ਕਉ ਕੇਤੇ ਉਦਰੁ ਭਰਨ ਕੈ ਤਾਈ॥	(ਉਦਰੁ) ਪੇਟ। ਭਿੱਖਿਆ ਤਾਂਈਂ	Ai Jee Bahuthae Bhaekh Karehi Bhikhiaa Ko Kaethae Oudhar Bharan Kai Thaaee ||	O Dear One, so many wear various religious robes, for begging and filling their bellies.	ਹੇ ਭਾਈ! (ਤੂੰ ਪ੍ਰਭੂ ਦਾ ਨਾਮ ਵਿਸਰ ਕੇ) ਪੇਟ ਭਰਨ ਦੀ ਖ਼ਾਤਰ (ਦਰ ਦਰ ਤੋਂ) ਭਿੱਛਿਆ ਲੈਣ ਵਾਸਤੇ ਕਈ ਤਰ੍ਹਾਂ ਦੇ (ਧਾਰਮਿਕ) ਭੇਖ ਬਣਾ ਰਿਹਾ ਹੈਂ।
22613	504	ਬਿਨੁ ਹਰਿ ਭਗਤਿ ਨਾਹੀ ਸੁਖੁ ਪ੍ਰਾਨੀ ਬਿਨੁ ਗੁਰ ਗਰਬੁ ਨ ਜਾਈ॥੨॥	(ਗਰਬੁ) ਅਹੰਕਾਰ	Bin Har Bhagath Naahee Sukh Praanee Bin Gur Garab N Jaaee ||2||	Without devotional worship to the Lord, O mortal, there can be no peace. Without the Guru, pride does not depart. ||2||	ਪਰ, ਹੇ ਪ੍ਰਾਣੀ! ਪਰਮਾਤਮਾ ਦੀ ਭਗਤੀ ਤੋਂ ਬਿਨਾ ਆਤਮਕ ਆਨੰਦ ਨਹੀਂ ਮਿਲਦਾ, ਗੁਰੂ ਦੀ ਸਰਨ ਤੋਂ ਬਿਨਾ ਅਹੰਕਾਰ ਦੂਰ ਨਹੀਂ ਹੁੰਦਾ ॥੨॥

22614	504	ਐ ਜੀ ਕਾਲੁ ਸਦਾ ਸਿਰ ਊਪਰਿ ਠਾਢੇ ਜਨਮਿ ਜਨਮਿ ਵੈਰਾਈ॥	(ਠਾਢੇ) ਖੜ੍ਹੇ	Ai Jee Kaal Sadhaa Sir Oopar Thaadtae Janam Janam Vairaaee ||	O Dear One, death hangs constantly over his head. Incarnation after incarnation, it is his enemy.	(ਸਿਮਰਨ ਤੋਂ ਬਿਨਾ) ਆਤਮਕ ਮੌਤ ਸਦਾ ਤੇਰੇ ਸਿਰ ਉੱਤੇ ਖਲੋਤੀ ਹੋਈ ਹੈ, ਇਹੀ ਹਰੇਕ ਜਨਮ ਵਿਚ ਤੇਰੀ ਵੈਰਨ ਤੁਰੀ ਆ ਰਹੀ ਹੈ।
22615	504	ਸਾਚੈ ਸਬਦਿ ਰਤੇ ਸੇ ਬਾਚੇ ਸਤਿਗੁਰ ਬੂਝ ਬੁਝਾਈ॥੩॥	ਬਾਂਚੇ। (ਬਾਚੇ) ਬੱਚ ਗਏ। ਬੂੱਝ ਬੁੱਝਾਈ	Saachai Sabadh Rathae Sae Baachae Sathigur Boojh Bujhaaee ||3||	Those who are attuned to the True Word of the Shabad are saved. The True Guru has imparted this understanding. ||3||	ਜੇਹੜੇ ਮਨੁੱਖ ਗੁਰੂ ਦੇ ਸੱਚੇ ਸ਼ਬਦ ਵਿਚ ਰੰਗੇ ਰਹਿੰਦੇ ਹਨ ਉਹ (ਇਸ ਆਤਮਕ ਮੌਤ ਤੋਂ) ਬਚ ਜਾਂਦੇ ਹਨ, (ਕਿਉਂਕਿ) ਗੁਰੂ (ਉਹਨਾਂ ਨੂੰ) (ਆਤਮਕ ਜੀਵਨ ਦੀ) ਸਮਝ ਦੇ ਦੇਂਦਾ ਹੈ ॥੩॥
22616	504	ਗੁਰ ਸਰਣਾਈ ਜੋਹਿ ਨ ਸਾਕੈ ਦੂਤੁ ਨ ਸਕੈ ਸੰਤਾਈ॥		Gur Saranaaee Johi N Saakai Dhooth N Sakai Santhaaee ||	In the Guru's Sanctuary, the Messenger of Death cannot see the mortal, or torture him.	ਗੁਰੂ ਦੀ ਸਰਨ ਪਏ ਬੰਦਿਆਂ ਨੂੰ ਆਤਮਕ ਮੌਤ ਤੱਕ ਭੀ ਨਹੀਂ ਸਕਦੀ, ਉਹਨਾਂ ਨੂੰ ਸਤਾ ਨਹੀਂ ਸਕਦੀ,
22617	504	ਅਵਿਗਤ ਨਾਥ ਨਿਰੰਜਨਿ ਰਾਤੇ ਨਿਰਭਉ ਸਿਉ ਲਿਵ ਲਾਈ॥੪॥		Avigath Naathh Niranjan Raathae Nirabho Sio Liv Laaee ||4||	I am imbued with the Imperishable and Immaculate Lord Master, and lovingly attached to the Fearless Lord. ||4||	ਕਿਉਂਕਿ ਉਹ ਅਦ੍ਰਿਸ਼ਟ ਜਗਤ ਨਾਥ ਨਿਰੰਜਨ ਪ੍ਰਭੂ ਵਿਚ ਰੱਤੇ ਰਹਿੰਦੇ ਹਨ, ਉਹ ਨਿਰਭਉ ਪਰਮਾਤਮਾ (ਦੇ ਚਰਨਾਂ) ਨਾਲ ਆਪਣੀ ਸੁਰਤਿ ਜੋੜੀ ਰੱਖਦੇ ਹਨ ॥੪॥

22618	504	ਐ ਜੀਉ ਨਾਮੁ ਦਿੜਹੁ ਨਾਮੇ ਲਿਵ ਲਾਵਹੁ ਸਤਿਗੁਰ ਟੇਕ ਟਿਕਾਈ॥		Ai Jeeo Naam Dhirrahu Naamae Liv Laavahu Sathigur Ttaek Ttikaaee ||	O Dear One, implant the Naam within me; lovingly attached to the Naam, I lean on the True Guru's Support.	ਹੇ (ਮੇਰੀ) ਜਿੰਦੇ! ਗੁਰੂ ਦਾ ਆਸਰਾ ਲੈ ਕੇ ਤੂੰ ਪਰਮਾਤਮਾ ਦੇ ਨਾਮ ਨੂੰ ਆਪਣੇ ਅੰਦਰ ਪੱਕੀ ਤਰ੍ਹਾਂ ਟਿਕਾ, ਪਰਮਾਤਮਾ ਦੇ ਨਾਮ ਵਿਚ ਹੀ ਆਪਣੀ ਸੁਰਤਿ ਜੋੜੀ ਰੱਖ!
22619	504	ਜੋ ਤਿਸੁ ਭਾਵੈ ਸੋਈ ਕਰਸੀ ਕਿਰਤੁ ਨ ਮੇਟਿਆ ਜਾਈ॥੫॥		Jo This Bhaavai Soee Karasee Kirath N Maettiaa Jaaee ||5||	Whatever pleases Him, He does; no one can erase His actions. ||5||	(ਇਹ ਚੇਤੇ ਰੱਖ ਕਿ) ਪਰਮਾਤਮਾ ਨੂੰ ਇਹੀ ਚੰਗਾ ਲੱਗਦਾ ਹੈ ਤੇ (ਜੀਵਾਂ ਦੇ) ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ (ਮਨ ਵਿਚੋਂ ਸਿਮਰਨ ਤੋਂ ਬਿਨਾ) ਮਿਟਾਇਆ ਨਹੀਂ ਜਾ ਸਕਦਾ ॥੫॥
22620	504	ਐ ਜੀ ਭਾਗਿ ਪਰੇ ਗੁਰ ਸਰਣਿ ਤੁਮ੍ਹਾਰੀ ਮੈ ਅਵਰ ਨ ਦੂਜੀ ਭਾਈ॥		Ai Jee Bhaag Parae Gur Saran Thumhaaree Mai Avar N Dhoojee Bhaaee ||	O Dear One, I have hurried to the Sanctuary of the Guru; I have no love for any other except You.	ਹੇ ਸਤਿਗੁਰੂ! ਮੈਂ ਭੱਜ ਕੇ ਤੇਰੀ ਸਰਨ ਆਇਆ ਹਾਂ, ਮੈਨੂੰ ਕੋਈ ਹੋਰ ਆਸਰਾ ਚੰਗਾ ਨਹੀਂ ਲੱਗਦਾ।
22621	504	ਅਬ ਤਬ ਏਕੋ ਏਕੁ ਪੁਕਾਰਉ ਆਦਿ ਜੁਗਾਦਿ ਸਖਾਈ॥੬॥		Ab Thab Eaeko Eaek Pukaaro Aadh Jugaadh Sakhaaee ||6||	I constantly call upon the One Lord; since the very beginning, and throughout the ages, He has been my help and support. ||6||	ਮੈਂ ਸਦਾ ਇਕੋ ਇਕ ਪਰਮਾਤਮਾ ਦਾ ਨਾਮ ਹੀ ਕੂਕਦਾ ਹਾਂ। ਉਹੀ ਮੁੱਢ ਤੋਂ, ਜੁਗਾਂ ਦੇ ਮੁੱਢ ਤੋਂ (ਜੀਵਾਂ ਦਾ) ਸਾਥੀ-ਮਿੱਤਰ ਚਲਿਆ ਆ ਰਿਹਾ ਹੈ ॥੬॥

22622	504	ਐ ਜੀ ਰਾਖਹੁ ਪੈਜ ਨਾਮ ਅਪੁਨੇ ਕੀ ਤੁਝ ਹੀ ਸਿਉ ਬਨਿ ਆਈ॥		Ai Jee Raakhahu Paij Naam Apunae Kee Thujh Hee Sio Ban Aaee ||	O Dear One, please preserve the Honor of Your Name; I am hand and glove with You.	ਹੇ ਪ੍ਰਭੂ ਜੀ! (ਤੈਨੂੰ ਲੋਕ ਸਰਨ-ਪਾਲ ਆਖਦੇ ਹਨ, ਮੈਂ ਤੇਰੀ ਸਰਨ ਆਇਆ ਹਾਂ) ਆਪਣੇ (ਸਰਨ-ਪਾਲ) ਨਾਮ ਦੀ ਲਾਜ ਪਾਲ, ਮੇਰੀ ਪ੍ਰੀਤ ਸਦਾ ਤੇਰੇ ਨਾਲ ਬਣੀ ਰਹੇ।
22623	504	ਕਰਿ ਕਿਰਪਾ ਗੁਰ ਦਰਸੁ ਦਿਖਾਵਹੁ ਹਉਮੈ ਸਬਦਿ ਜਲਾਈ ॥੭॥		Kar Kirapaa Gur Dharas Dhikhaavahu Houmai Sabadh Jalaaee ||7||	Bless me with Your Mercy, and reveal to me the Blessed Vision of Your Darshan, O Guru. Through the Word of the Shabad, I have burnt away my ego. ||7||	ਮੇਹਰ ਕਰ ਮੈਨੂੰ ਗੁਰੂ ਦਾ ਦਰਸਨ ਕਰਾ ਤਾਂ ਕਿ ਗੁਰੂ ਆਪਣੇ ਸ਼ਬਦ ਦੀ ਰਾਹੀਂ (ਮੇਰੇ ਅੰਦਰੋਂ) ਹਉਮੈ ਸਾੜ ਦੇਵੇ ॥੭॥
22624	504	ਐ ਜੀ ਕਿਆ ਮਾਗਉ ਕਿਛੁ ਰਹੈ ਨ ਦੀਸੈ ਇਸੁ ਜਗ ਮਹਿ ਆਇਆ ਜਾਈ॥		Ai Jee Kiaa Maago Kishh Rehai N Dheesai Eis Jag Mehi Aaeiaa Jaaee ||	O Dear One, what should I ask of You? Nothing appears permanent; whoever comes into this world shall depart.	ਹੇ ਪ੍ਰਭੂ ਜੀ! (ਤੇਰੇ ਨਾਮ ਤੋਂ ਬਿਨਾ) ਮੈਂ (ਤੇਰੇ ਪਾਸੋਂ) ਹੋਰ ਕੀਹ ਮੰਗਾਂ? ਮੈਨੂੰ ਕੋਈ ਚੀਜ਼ ਐਸੀ ਨਹੀਂ ਦਿੱਸਦੀ ਜੋ ਸਦਾ ਟਿਕੀ ਰਹਿ ਸਕੇ। ਇਸ ਜਗਤ ਵਿਚ ਜੇਹੜਾ ਭੀ ਆਇਆ ਹੈ, ਉਹ ਨਾਸਵੰਤ ਹੀ ਹੈ।
22625	504	ਨਾਨਕ ਨਾਮੁ ਪਦਾਰਥੁ ਦੀਜੈ ਹਿਰਦੈ ਕੰਠਿ ਬਣਾਈ॥੮॥੩॥		Naanak Naam Padhaarathh Dheejai Hiradhai Kanth Banaaee ||8||3||	Bless Nanak with the wealth of the Naam, to adorn his heart and neck. ||8||3||	ਮੈਨੂੰ ਨਾਨਕ ਨੂੰ ਆਪਣਾ ਨਾਮ-ਪਦਾਰਥ ਹੀ ਦੇਹ, ਮੈਂ (ਇਸ ਨਾਮ ਨੂੰ) ਆਪਣੇ ਹਿਰਦੇ ਦੀ ਮਾਲਾ ਬਣਾ ਲਵਾਂ ॥੮॥੩॥

22626	504	ਗੂਜਰੀ ਮਹਲਾ ੧॥		Goojaree Mehalaa 1 ||	Goojaree, First Mehl:	
22627	504	ਐ ਜੀ ਨਾ ਹਮ ਉਤਮ ਨੀਚ ਨ ਮਧਿਮ ਹਰਿ ਸਰਣਾਗਤਿ ਹਰਿ ਕੇ ਲੋਗ॥	ਸਰ-ਣਾਗਤਿ	Ai Jee Naa Ham Outham Neech N Madhhim Har Saranaagath Har Kae Log ||	O Dear One, I am not high or low or in the middle. I am the Lord's slave, and I seek the Lord's Sanctuary.	ਹੇ ਭਾਈ! ਜੇਹੜੇ ਬੰਦੇ ਪਰਮਾਤਮਾ ਦੀ ਭਗਤੀ ਕਰਦੇ ਹਨ ਜੋ ਪਰਮਾਤਮਾ ਦੀ ਸਰਨ ਆਉਂਦੇ ਹਨ ਉਹਨਾਂ ਨੂੰ ਨਾਹ ਇਹ ਮਾਣ ਹੁੰਦਾ ਹੈ ਕਿ ਅਸੀਂ ਸਭ ਤੋਂ ਉੱਚੀ ਜਾਂ ਵਿਚਕਾਰਲੀ ਜਾਤਿ ਦੇ ਹਾਂ, ਨਾਹ ਇਹ ਸਹਮ ਹੁੰਦਾ ਹੈ ਕਿ ਅਸੀਂ ਨੀਵੀਂ ਜਾਤਿ ਦੇ ਹਾਂ।
22628	504	ਨਾਮ ਰਤੇ ਕੇਵਲ ਬੈਰਾਗੀ ਸੋਗ ਬਿਜੋਗ ਬਿਸਰਜਿਤ ਰੋਗ॥੧॥	(ਬਿ-ਸਰਜਿਤ) ਚਲੇ ਗਏ	Naam Rathae Kaeval Bairaagee Sog Bijog Bisarajith Rog ||1||	Imbued with the Naam, the Name of the Lord, I am detached from the world; I have forgotten sorrow, separation and disease. ||1||	ਸਿਰਫ਼ ਪ੍ਰਭੂ-ਨਾਮ ਵਿਚ ਰੰਗੇ ਰਹਿਣ ਕਰਕੇ ਉਹ (ਇਸ ਉਚਤਾ ਨੀਚਤਾ ਆਦਿਕ ਵਲੋਂ) ਨਿਰਮੋਹ ਰਹਿੰਦੇ ਹਨ। ਚਿੰਤਾ, ਵਿਛੋੜਾ, ਰੋਗ ਆਦਿਕ ਉਹ ਸਭ ਭੁਲਾ ਚੁਕੇ ਹੁੰਦੇ ਹਨ ॥੧॥
22629	504	ਭਾਈ ਰੇ ਗੁਰ ਕਿਰਪਾ ਤੇ ਭਗਤਿ ਠਾਕੁਰ ਕੀ॥		Bhaaee Rae Gur Kirapaa Thae Bhagath Thaakur Kee ||	O Siblings of Destiny, by Guru's Grace, I perform devotional worship to my Lord and Master.	ਹੇ ਭਾਈ! ਪਰਮਾਤਮਾ ਦੀ ਭਗਤੀ ਗੁਰੂ ਦੀ ਮੇਹਰ ਨਾਲ ਹੀ ਹੋ ਸਕਦੀ ਹੈ।

22630	505	ਸਤਿਗੁਰ ਵਾਕਿ ਹਿਰਦੈ ਹਰਿ ਨਿਰਮਲੁ ਨਾ ਜਮ ਕਾਣਿ ਨ ਜਮ ਕੀ ਬਾਕੀ॥੧॥ਰਹਾਉ॥	(ਬਾਕੀ) ਬਾਕੀ ਲੇਖਾ। ਬੱਾਕੀ	Sathigur Vaak Hiradhai Har Niramal Naa Jam Kaan N Jam Kee Baakee ||1|| Rehaao ||	One whose heart is filled with the Hymns of the True Guru, obtains the Pure Lord. He is not under the power of the Messenger of Death, nor does he owe Death anything. ||1||Pause||	ਜਿਸ ਮਨੁੱਖ ਨੇ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਪਵਿਤ੍ਰ ਨਾਮ ਵਸਾ ਲਿਆ ਹੈ, ਉਸ ਨੂੰ ਜਮ ਦੀ ਮੁਥਾਜੀ ਨਹੀਂ ਰਹਿੰਦੀ, ਉਸ ਦੇ ਜ਼ਿੰਮੇ ਪਿਛਲੇ ਕੀਤੇ ਕਰਮਾਂ ਦਾ ਕੋਈ ਅਜੇਹਾ ਬਾਕੀ ਲੇਖਾ ਨਹੀਂ ਰਹਿ ਜਾਂਦਾ ਜਿਸ ਕਰਕੇ ਜਮਰਾਜ ਦਾ ਉਸ ਉਤੇ ਜ਼ੋਰ ਪੈ ਸਕੇ ॥੧॥ ਰਹਾਉ ॥
22631	505	ਹਰਿ ਗੁਣ ਰਸਨ ਰਵਹਿ ਪ੍ਰਭ ਸੰਗੇ ਜੋ ਤਿਸੁ ਭਾਵੈ ਸਹਜਿ ਹਰੀ॥	(ਰਵਹਿ) ਜਪਦੀ	Har Gun Rasan Ravehi Prabh Sangae Jo This Bhaavai Sehaj Haree ||	He chants the Glorious Praises of the Lord with his tongue, and abides with God; he does whatever pleases the Lord.	(ਪਰਮਾਤਮਾ ਦੇ ਭਗਤ) ਪਰਮਾਤਮਾ ਦੀ ਸੰਗਤ ਵਿਚ ਟਿਕ ਕੇ ਆਪਣੀ ਜੀਭ ਨਾਲ ਪਰਮਾਤਮਾ ਦੇ ਗੁਣ ਗਾਂਦੇ ਹਨ (ਉਹ ਇਹੀ ਸਮਝਦੇ ਹਨ ਕਿ) ਸੁਤੇ ਹੀ (ਜਗਤ ਵਿਚ ਉਹੀ ਵਰਤਦਾ ਹੈ) ਜੋ ਉਸ ਪਰਮਾਤਮਾ ਨੂੰ ਭਾਉਂਦਾ ਹੈ।
22632	505	ਬਿਨੁ ਹਰਿ ਨਾਮ ਬ੍ਰਿਥਾ ਜਗਿ ਜੀਵਨੁ ਹਰਿ ਬਿਨੁ ਨਿਹਫਲ ਮੇਕ ਘਰੀ॥੨॥	(ਮੇਕ)ਇੱਕ	Bin Har Naam Brithhaa Jag Jeevan Har Bin Nihafal Maek Gharee ||2||	Without the Lord's Name, life passes in vain in the world, and every moment is useless. ||2||	ਪਰਮਾਤਮਾ ਦੇ ਨਾਮ ਤੋਂ ਬਿਨਾ ਜਗਤ ਵਿਚ ਜਿਊਣਾ ਉਹਨਾਂ ਨੂੰ ਵਿਅਰਥ ਦਿੱਸਦਾ ਹੈ, ਪਰਮਾਤਮਾ ਦੀ ਭਗਤੀ ਤੋਂ ਬਿਨਾ ਉਹਨਾਂ ਨੂੰ ਇੱਕ ਭੀ ਘੜੀ ਨਿਸਫਲ ਜਾਪਦੀ ਹੈ ॥੨॥

22633	505	ਐ ਜੀ ਖੋਟੇ ਠਉਰ ਨਾਹੀ ਘਰਿ ਬਾਹਰਿ ਨਿੰਦਕ ਗਤਿ ਨਹੀ ਕਾਈ॥		Ai Jee Khottae Thour Naahee Ghar Baahar Nindhak Gath Nehee Kaaee ||	The false have no place of rest, either inside or outside; the slanderer does not find salvation.	ਹੇ ਮਨ! ਜੇਹੜਾ ਮਨੁੱਖ (ਪਰਮਾਤਮਾ ਦੇ ਭਗਤਾਂ ਵਾਸਤੇ) ਆਪਣੇ ਮਨ ਵਿਚ ਖੋਟ ਰੱਖਦਾ ਹੈ ਤੇ ਉਹਨਾਂ ਦੀ ਨਿੰਦਾ ਕਰਦਾ ਹੈ, ਉਸ ਨੂੰ ਨਾਹ ਘਰ ਵਿਚ ਨਾਹ ਬਾਹਰ ਕਿਤੇ ਭੀ ਆਤਮਕ ਸ਼ਾਂਤੀ ਦੀ ਥਾਂ ਨਹੀਂ ਮਿਲਦੀ ਕਿਉਂਕਿ ਉਸ ਦੀ ਆਪਣੀ ਆਤਮਕ ਅਵਸਥਾ ਠੀਕ ਨਹੀਂ ਹੈ।
22634	505	ਰੋਸੁ ਕਰੈ ਪ੍ਰਭੁ ਬਖਸ ਨ ਮੇਟੈ ਨਿਤ ਨਿਤ ਚੜੈ ਸਵਾਈ॥੩॥	(ਸਵਾਈ) ਬਹੁਤੀ	Ros Karai Prabh Bakhas N Maettai Nith Nith Charrai Savaaee ||3||	Even if one is resentful, God does not withhold His blessings; day by day, they increase. ||3||	(ਪਰਮਾਤਮਾ ਆਪਣੇ ਭਗਤਾਂ ਉਤੇ ਸਦਾ ਬਖ਼ਸ਼ਸ਼ਾਂ ਕਰਦਾ ਹੈ) ਜੇ ਨਿੰਦਕ (ਇਹ ਬਖ਼ਸ਼ਸ਼ਾਂ ਵੇਖ ਕੇ) ਖਿੱਝੇ, ਤਾਂ ਭੀ ਪਰਮਾਤਮਾ ਆਪਣੀ ਬਖ਼ਸ਼ਸ਼ ਬੰਦ ਨਹੀਂ ਕਰਦਾ, ਉਹ ਸਗੋਂ ਸਦਾ ਹੀ ਵਧਦੀ ਹੈ ॥੩॥
22635	505	ਐ ਜੀ ਗੁਰ ਕੀ ਦਾਤਿ ਨ ਮੇਟੈ ਕੋਈ ਮੇਰੈ ਠਾਕੁਰਿ ਆਪਿ ਦਿਵਾਈ॥		Ai Jee Gur Kee Dhaath N Maettai Koee Maerai Thaakur Aap Dhivaaee ||	No one can take away the Guru's gifts; my Lord and Master Himself has given them.	ਹੇ ਮਨ! (ਪ੍ਰਭੂ ਦੀ ਸਿਫ਼ਤ-ਸਾਲਾਹ) ਗੁਰੂ ਦੀ ਦਿੱਤੀ ਹੋਈ ਦਾਤ ਹੈ, ਇਸ ਨੂੰ ਕੋਈ ਮਿਟਾ ਨਹੀਂ ਸਕਦਾ; ਠਾਕੁਰ-ਪ੍ਰਭੂ ਨੇ ਆਪ ਹੀ ਇਹ (ਨਾਮ ਦੀ) ਦਾਤ ਦਿਵਾਈ ਹੁੰਦੀ ਹੈ।

22636	505	ਨਿੰਦਕ ਨਰ ਕਾਲੇ ਮੁਖ ਨਿੰਦਾ ਜਿਨ੍ ਗੁਰ ਕੀ ਦਾਤਿ ਨ ਭਾਈ॥੪॥		Nindhak Nar Kaalae Mukh Nindhaa Jinh Gur Kee Dhaath N Bhaaee ||4||	The black-faced slanderers, with slander in their mouths, do not appreciate the Guru's gifts. ||4||	ਜਿਨ੍ਹਾਂ ਨਿੰਦਕਾਂ ਨੂੰ (ਭਗਤ ਜਨਾਂ ਨੂੰ ਦਿੱਤੀ ਹੋਈ) ਗੁਰੂ ਦੀ ਦਾਤ ਪਸੰਦ ਨਹੀਂ ਆਉਂਦੀ (ਤੇ ਉਹ ਭਗਤਾਂ ਦੀ ਨਿੰਦਾ ਕਰਦੇ ਹਨ) ਨਿੰਦਾ ਦੇ ਕਾਰਨ ਉਹਨਾਂ ਨਿੰਦਕਾਂ ਦੇ ਮੂੰਹ ਕਾਲੇ (ਦਿੱਸਦੇ ਹਨ) ॥੪॥
22637	505	ਐ ਜੀ ਸਰਣਿ ਪਰੇ ਪ੍ਰਭੁ ਬਖਸਿ ਮਿਲਾਵੈ ਬਿਲਮ ਨ ਅਧੂਆ ਰਾਈ॥	(ਬਿਲਮ) ਦੇਰੀ। (ਅਧੂਆ)ਅੱਧੀ (ਰਾਈ)ਜਿਨਾ	Ai Jee Saran Parae Prabh Bakhas Milaavai Bilam N Adhhooaa Raaee ||	God forgives and blends with Himself those who take to His Sanctuary; He does not delay for an instant.	ਹੇ ਮਨ! ਜੇਹੜੇ ਮਨੁੱਖ (ਪ੍ਰਭੂ ਦੀ) ਸਰਨ ਪੈਂਦੇ ਹਨ, ਪ੍ਰਭੂ ਮੇਹਰ ਕਰ ਕੇ ਉਹਨਾਂ ਨੂੰ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ, ਰਤਾ ਭਰ ਭੀ ਢਿੱਲ ਨਹੀਂ ਕਰਦਾ।
22638	505	ਆਨਦ ਮੂਲੁ ਨਾਥੁ ਸਿਰਿ ਨਾਥਾ ਸਤਿਗੁਰੁ ਮੇਲਿ ਮਿਲਾਈ॥੫॥		Aanadh Mool Naathh Sir Naathhaa Sathigur Mael Milaaee ||5||	He is the source of bliss, the Greatest Lord; through the True Guru, we are united in His Union. ||5||	ਉਹ ਪ੍ਰਭੂ ਆਤਮਕ ਆਨੰਦ ਦਾ ਸੋਮਾ ਹੈ, ਸਭ ਤੋਂ ਵੱਡਾ ਨਾਥ ਹੈ, ਗੁਰੂ (ਸਰਨ ਪਏ ਮਨੁੱਖ ਨੂੰ) ਪਰਮਾਤਮਾ ਦੇ ਮੇਲ ਵਿਚ ਮਿਲਾ ਦੇਂਦਾ ਹੈ ॥੫॥
22639	505	ਐ ਜੀ ਸਦਾ ਦਇਆਲੁ ਦਇਆ ਕਰਿ ਰਵਿਆ ਗੁਰਮਤਿ ਭ੍ਰਮਨਿ ਚੁਕਾਈ॥	(ਭ੍ਰਮਨਿ) ਭਟਕਣਾ	Ai Jee Sadhaa Dhaeiaal Dhaeiaa Kar Raviaa Guramath Bhraman Chukaaee ||	Through His Kindness, the Kind Lord pervades us; through Guru's Teachings, our wanderings cease.	ਹੇ ਮਨ! ਪਰਮਾਤਮਾ ਦਇਆ ਦਾ ਸੋਮਾ ਹੈ (ਸਭ ਜੀਵਾਂ ਉਤੇ) ਸਦਾ ਦਇਆ ਕਰਦਾ ਹੈ। ਜੇਹੜਾ ਮਨੁੱਖ ਗੁਰੂ ਦੀ ਮਤਿ ਲੈ ਕੇ ਉਸ ਨੂੰ ਸਿਮਰਦਾ ਹੈ, ਪ੍ਰਭੂ ਉਸ ਦੀ ਭਟਕਣਾ ਮਿਟਾ ਦੇਂਦਾ ਹੈ।

22640	505	ਪਾਰਸੁ ਭੇਟਿ ਕੰਚਨੁ ਧਾਤੁ ਹੋਈ ਸਤਸੰਗਤਿ ਕੀ ਵਡਿਆਈ॥੬॥		Paaras Bhaett Kanchan Dhhaath Hoee Sathasangath Kee Vaddiaaee ||6||	Touching the philosopher's stone, metal is transformed into gold. Such is the glorious greatness of the Society of the Saints. ||6||	ਜਿਵੇਂ (ਲੋਹਾ ਆਦਿਕ) ਧਾਤ ਪਾਰਸ ਨੂੰ ਛੁਹ ਕੇ ਸੋਨਾ ਬਣ ਜਾਂਦੀ ਹੈ ਤਿਵੇਂ ਸਾਧ ਸੰਗਤ ਵਿਚ ਭੀ ਇਹੀ ਬਰਕਤਿ ਹੈ ॥੬॥
22641	505	ਹਰਿ ਜਲੁ ਨਿਰਮਲੁ ਮਨੁ ਇਸਨਾਨੀ ਮਜਨੁ ਸਤਿਗੁਰੁ ਭਾਈ॥	ਮੱਜਨੁ	Har Jal Niramal Man Eisanaanee Majan Sathigur Bhaaee ||	The Lord is the immaculate water; the mind is the bather, and the True Guru is the bath attendant, O Siblings of Destiny.	ਪਰਮਾਤਮਾ (ਮਾਨੋ) ਪਵਿਤ੍ਰ ਜਲ ਹੈ, ਜੇਹੜਾ ਮਨੁਖ (ਇਸ ਪਵਿਤ੍ਰ ਜਲ ਵਿਚ) ਇਸ਼ਨਾਨ ਕਰਨ ਜੋਗਾ ਬਣ ਜਾਂਦਾ ਹੈ ਤੇ ਜਿਸ ਨੂੰ ਸਤਿਗੁਰੂ ਪਿਆਰਾ ਲੱਗਦਾ ਹੈ ਉਹ (ਇਸ ਪਵਿਤ੍ਰ ਜਲ ਵਿਚ) ਚੁੱਭੀ ਲਾਂਦਾ ਹੈ।
22642	505	ਪੁਨਰਪਿ ਜਨਮੁ ਨਾਹੀ ਜਨ ਸੰਗਤਿ ਜੋਤੀ ਜੋਤਿ ਮਿਲਾਈ॥੭॥		Punarap Janam Naahee Jan Sangath Jothee Joth Milaaee ||7||	That humble being who joins the Sat Sangat shall not be consigned to reincarnation again; his light merges into the Light. ||7||	ਸਾਧ ਸੰਗਤ ਵਿਚ ਰਹਿ ਕੇ ਉਸ ਨੂੰ ਮੁੜ ਮੁੜ ਜਨਮ ਨਹੀਂ ਹੁੰਦਾ, (ਕਿਉਂਕਿ ਗੁਰੂ) ਉਸ ਦੀ ਜੋਤਿ ਪ੍ਰਭੂ ਦੀ ਜੋਤਿ ਵਿਚ ਮਿਲਾ ਦੇਂਦਾ ਹੈ ॥੭॥
22643	505	ਤੂੰ ਵਡ ਪੁਰਖੁ ਅਗੰਮ ਤਰੋਵਰੁ ਹਮ ਪੰਖੀ ਤੁਝ ਮਾਹੀ॥		Thoon Vadd Purakh Aganm Tharovar Ham Pankhee Thujh Maahee ||	You are the Great Primal Lord, the infinite tree of life; I am a bird perched on Your branches.	ਹੇ ਪ੍ਰਭੂ! ਤੂੰ ਸਭ ਤੋਂ ਵੱਡਾ ਹੈਂ, ਤੂੰ ਸਰਬ-ਵਿਆਪਕ ਹੈਂ, ਤੂੰ ਅਪਹੁੰਚ ਹੈਂ। ਤੂੰ (ਮਾਨੋ) ਇਕ ਸ੍ਰੇਸ਼ਟ ਰੁੱਖ ਹੈਂ ਜਿਸ ਦੇ ਆਸਰੇ ਰਹਿਣ ਵਾਲੇ ਅਸੀਂ ਸਾਰੇ ਜੀਵ ਪੰਛੀ ਹਾਂ।

22644	505	ਨਾਨਕ ਨਾਮੁ ਨਿਰੰਜਨ ਦੀਜੈ ਜੁਗਿ ਜੁਗਿ ਸਬਦਿ ਸਲਾਹੀ॥੮॥੪॥		Naanak Naam Niranjan Dheejai Jug Jug Sabadh Salaahee ||8||4||	Grant to Nanak the Immaculate Naam; throughout the ages, he sings the Praises of the Shabad. ||8||4||	ਹੇ ਨਿਰੰਜਨ ਪ੍ਰਭੂ! ਮੈਨੂੰ ਨਾਨਕ ਨੂੰ ਆਪਣਾ ਨਾਮ ਬਖ਼ਸ਼, ਤਾਂ ਕਿ ਮੈਂ ਸਦਾ ਹੀ ਗੁਰੂ ਦੇ ਸ਼ਬਦ ਵਿਚ (ਜੁੜ ਕੇ) ਤੇਰੀ ਸਿਫ਼ਤ-ਸਾਲਾਹ ਕਰਦਾ ਰਹਾਂ ॥੮॥੪॥
22645	505	ਗੂਜਰੀ ਮਹਲਾ ੧ ਘਰੁ ੪		Goojaree Mehalaa 1 Ghar 4	Goojaree, First Mehl, Fourth House:	ਰਾਗ ਗੂਜਰੀ ਘਰ ੪ ਵਿੱਚ, ਗੁਰੂ ਨਾਨਕਦੇਵ ਜੀ ਦੀ ਬਾਣੀ।
22646	505	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22647	505	ਭਗਤਿ ਪ੍ਰੇਮ ਆਰਾਧਿਤੰ ਸਚੁ ਪਿਆਸ ਪਰਮ ਹਿਤੰ॥		Bhagath Praem Aaraadhhithan Sach Piaas Param Hithan ||	The devotees worship the Lord in loving adoration. They thirst for the True Lord, with infinite affection.	ਜੇਹੜੇ ਮਨੁੱਖ ਪਰਮਾਤਮਾ ਦੀ ਭਗਤੀ ਕਰਦੇ ਹਨ, ਸਦਾ-ਥਿਰ ਪ੍ਰਭੂ ਨੂੰ ਪ੍ਰੇਮ ਨਾਲ ਆਰਾਧਦੇ ਹਨ, ਉਹਨਾਂ ਦੇ ਅੰਦਰ ਪ੍ਰਭੂ-ਪ੍ਰੇਮ ਦੀ ਤੀਬਰ ਖਿੱਚ ਬਣੀ ਰਹਿੰਦੀ ਹੈ,
22648	505	ਬਿਲਲਾਪ ਬਿਲਲ ਬਿਨੰਤੀਆ ਸੁਖ ਭਾਇ ਚਿਤ ਹਿਤੰ॥੧॥		Bilalaap Bilal Binantheeaa Sukh Bhaae Chith Hithan ||1||	They tearfully beg and implore the Lord; in love and affection, their consciousness is at peace. ||1||	ਉਹ (ਪ੍ਰਭੂ ਦੇ ਦਰ ਤੇ ਹੀ) ਹਾੜੇ-ਤਰਲੇ ਕਰਦੇ ਹਨ ਬੇਨਤੀਆਂ ਕਰਦੇ ਹਨ, ਉਹਨਾਂ ਦੇ ਚਿੱਤ ਪ੍ਰਭੂ ਦੇ ਪ੍ਰੇਮ ਪਿਆਰ ਵਿਚ (ਮਗਨ ਰਹਿੰਦੇ ਹਨ) ਤੇ ਉਹ ਆਤਮਕ ਆਨੰਦ ਮਾਣਦੇ ਹਨ ॥੧॥

22649	505	ਜਪਿ ਮਨ ਨਾਮੁ ਹਰਿ ਸਰਣੀ॥		Jap Man Naam Har Saranee ||	Chant the Naam, the Name of the Lord, O my mind, and take to His Sanctuary.	ਹੇ ਮਨ! ਪਰਮਾਤਮਾ ਦਾ ਨਾਮ ਜਪ, ਪਰਮਾਤਮਾ ਦੀ ਓਟ ਫੜ!
22650	505	ਸੰਸਾਰ ਸਾਗਰ ਤਾਰਿ ਤਾਰਣ ਰਮ ਨਾਮ ਕਰਿ ਕਰਣੀ॥੧॥ਰਹਾਉ॥		Sansaar Saagar Thaar Thaaran Ram Naam Kar Karanee ||1|| Rehaao ||	The Lord's Name is the boat to cross over the world-ocean. Practice such a way of life. ||1||Pause||	ਪਰਮਾਤਮਾ ਦੇ ਨਾਮ ਨੂੰ ਜੀਵਨ ਦਾ ਮਨੋਰਥ ਬਣਾ! ਇਹ ਨਾਮ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਲਈ ਜਹਾਜ਼ ਹੈ ॥੧॥ ਰਹਾਉ ॥
22651	505	ਏ ਮਨ ਮਿਰਤ ਸੁਭ ਚਿੰਤੰ ਗੁਰ ਸਬਦਿ ਹਰਿ ਰਮਣੰ॥		Eae Man Mirath Subh Chinthan Gur Sabadh Har Ramanan ||	O mind, even death wishes you well, when you remember the Lord through the Word of the Guru's Shabad.	ਹੇ ਮਨ! ਗੁਰੂ ਦੇ ਸ਼ਬਦ ਵਿਚ (ਟਿਕ ਕੇ) ਪਰਮਾਤਮਾ ਦਾ ਸਿਮਰਨ ਕਰ, ਤੇ (ਵਿਕਾਰਾਂ ਵਲੋਂ ਉਪਰਾਮ ਹੋ), ਵਿਕਾਰਾਂ ਵਲੋਂ ਮੌਤ (ਜੀਵਨ ਵਾਸਤੇ) ਸੁਖਦਾਈ ਹੈ।
22652	505	ਮਤਿ ਤਤੁ ਗਿਆਨੰ ਕਲਿਆਣ ਨਿਧਾਨੰ ਹਰਿ ਨਾਮ ਮਨਿ ਰਮਣੰ॥੨॥		Math Thath Giaanan Kaliaan Nidhhaanan Har Naam Man Ramanan ||2||	The intellect receives the treasure, the knowledge of reality and supreme bliss, by repeating the Lord's Name in the mind. ||2||	ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਮਨ ਵਿਚ ਸਿਮਰਦੇ ਹਨ ਉਹਨਾਂ ਦੀ ਮਤਿ ਜਗਤ-ਮੂਲ ਪ੍ਰਭੂ ਨਾਲ ਡੂੰਘੀ ਸਾਂਝ ਪਾ ਲੈਂਦੀ ਹੈ, ਉਹਨਾਂ ਨੂੰ ਸੁਖਾਂ ਦਾ ਖ਼ਜ਼ਾਨਾ ਪ੍ਰਭੂ ਮਿਲ ਪੈਂਦਾ ਹੈ ॥੨॥

22653	505	ਚਲ ਚਿਤ ਵਿਤ ਭ੍ਰਮਾ ਭ੍ਰਮੰ ਜਗੁ ਮੋਹ ਮਗਨ ਹਿਤੰ॥	ਚੱਲਚਿੱਤ	Chal Chith Vith Bhramaa Bhraman Jag Moh Magan Hithan ||	The fickle consciousness wanders around chasing after wealth; it is intoxicated with worldly love and emotional attachment.	(ਦੁਨੀਆ ਦਾ) ਧਨ (ਮਨੁੱਖ ਦੇ) ਮਨ ਨੂੰ ਚੰਚਲ ਬਣਾਂਦਾ ਹੈ ਤੇ ਭਟਕਣਾ ਪੈਦਾ ਕਰਦਾ ਹੈ, (ਪਰ) ਜਗਤ (ਇਸ ਧਨ ਦੇ) ਮੋਹ ਵਿਚ ਪ੍ਰੇਮ ਵਿਚ ਮਸਤ ਰਹਿੰਦਾ ਹੈ।
22654	505	ਥਿਰੁ ਨਾਮੁ ਭਗਤਿ ਦਿੜੰ ਮਤੀ ਗੁਰ ਵਾਕਿ ਸਬਦ ਰਤੰ॥੩॥		Thhir Naam Bhagath Dhirran Mathee Gur Vaak Sabadh Rathan ||3||	Devotion to the Naam is permanently implanted within the mind, when it is attuned to the Guru's Teachings and His Shabad. ||3||	ਪਰਮਾਤਮਾ ਦੇ ਭਗਤ (ਆਪਣੀ) ਸਮਝ ਵਿਚ (ਇਹ ਨਿਸਚਾ) ਪੱਕਾ ਕਰ ਲੈਂਦੇ ਹਨ ਕਿ ਪਰਮਾਤਮਾ ਦਾ ਨਾਮ (ਹੀ) ਸਦਾ ਕਾਇਮ ਰਹਿਣ ਵਾਲਾ ਹੈ। ਉਹ ਗੁਰੂ ਦੇ ਸ਼ਬਦ ਵਿਚ ਟਿਕ ਕੇ ਸਿਫ਼ਤ-ਸਾਲਾਹ ਵਿਚ ਰੱਤੇ ਰਹਿੰਦੇ ਹਨ ॥੩॥
22655	505	ਭਰਮਾਤਿ ਭਰਮੁ ਨ ਚੂਕਈ ਜਗੁ ਜਨਮਿ ਬਿਆਧਿ ਖਪੰ॥		Bharamaath Bharam N Chookee Jag Janam Biaadhh Khapan ||	Wandering around, doubt is not dispelled; afflicted by reincarnation, the world is being ruined.	ਜਗਤ (ਮਾਇਆ ਦੇ ਮੋਹ ਦੇ ਕਾਰਨ) ਜਨਮ ਮਰਨ ਦੇ ਰੋਗ ਵਿਚ ਖ਼ੁਆਰ ਹੁੰਦਾ ਰਹਿੰਦਾ ਹੈ, ਭਟਕਦਾ ਰਹਿੰਦਾ ਹੈ, (ਇਸ ਦੀ ਮਾਇਆ ਵਾਲੀ) ਭਟਕਣਾ ਮੁੱਕਦੀ ਨਹੀਂ।
22656	505	ਅਸਥਾਨੁ ਹਰਿ ਨਿਹਕੇਵਲੰ ਸਤਿ ਮਤੀ ਨਾਮ ਤਪੰ॥੪॥	ਸੱਤਿ	Asathhaan Har Nihakaevalan Sath Mathee Naam Thapan ||4||	The Lord's eternal throne is free of this affliction; he is truly wise, who takes the Naam as his deep meditation. ||4||	ਹੇ ਮਨ! ਪਰਮਾਤਮਾ ਦੀ ਸਰਨ ਹੀ ਐਸਾ ਥਾਂ ਹੈ ਜੋ ਮਾਇਆ ਦੇ ਮੋਹ ਤੋਂ ਉਪਰਾਮ ਕਰਦਾ ਹੈ, ਪਰਮਾਤਮਾ ਦੇ ਨਾਮ ਦਾ ਤਪ ਹੀ ਸਹੀ ਸਮਝ ਹੈ ॥੪॥

22657	505	ਇਹੁ ਜਗੁ ਮੋਹ ਹੇਤ ਬਿਆਪਿਤੰ ਦੁਖੁ ਅਧਿਕ ਜਨਮ ਮਰਣੰ॥		Eihu Jag Moh Haeth Biaapithan Dhukh Adhhik Janam Maranan ||	This world is engrossed in attachment and transitory love; it suffers the terrible pains of birth and death.	ਇਹ ਜਗਤ ਮਾਇਆ ਦੇ ਮੋਹ ਵਿਚ ਫਸਿਆ ਹੋਇਆ ਹੈ, ਇਸ ਵਾਸਤੇ ਇਸ ਨੂੰ ਜਨਮ ਮਰਨ ਦਾ ਬਹੁਤ ਦੁੱਖ ਲੱਗਾ ਰਹਿੰਦਾ ਹੈ।
22658	505	ਭਜੁ ਸਰਣਿ ਸਤਿਗੁਰ ਊਬਰਹਿ ਹਰਿ ਨਾਮੁ ਰਿਦ ਰਮਣੰ॥੫॥		Bhaj Saran Sathigur Oobarehi Har Naam Ridh Ramanan ||5||	Run to the Sanctuary of the True Guru, chant the Lord's Name in your heart, and you shall swim across. ||5||	ਤੂੰ ਪਰਮਾਤਮਾ ਦਾ ਨਾਮ ਹਿਰਦੇ ਵਿਚ ਸਿਮਰ, ਸਤਿਗੁਰੂ ਦੀ ਸਰਨ ਪਉ, (ਤਦੋਂ ਹੀ) ਤੂੰ (ਜਨਮ ਮਰਨ ਦੇ ਗੇੜ ਤੋਂ) ਬਚ ਸਕੇਂਗਾ ॥੫॥
22659	505	ਗੁਰਮਤਿ ਨਿਹਚਲ ਮਨਿ ਮਨੁ ਮਨੰ ਸਹਜ ਬੀਚਾਰੰ॥		Guramath Nihachal Man Man Manan Sehaj Beechaaran ||	Following the Guru's Teaching, the mind becomes stable; the mind accepts it, and reflects upon it in peaceful poise.	ਜੋ ਮਨੁੱਖ ਆਪਣੇ ਮਨ ਵਿਚ ਗੁਰੂ ਦੀ ਸਿੱਖਿਆ ਪੱਕੇ ਤੌਰ ਤੇ ਧਾਰਨ ਕਰ ਲੈਂਦਾ ਹੈ, ਉਸ ਦਾ ਮਨ ਅਡੋਲ ਆਤਮਕ ਅਵਸਥਾ ਦੀ ਵਿਚਾਰ ਵਿਚ ਗਿੱਝ ਜਾਂਦਾ ਹੈ (ਭਾਵ, ਉਹ ਸਦਾ ਇਹ ਖ਼ਿਆਲ ਰੱਖਦਾ ਹੈ ਕਿ ਮਨ ਮਾਇਆ ਦੀ ਭਟਕਣਾ ਵਲੋਂ ਹਟ ਕੇ ਪ੍ਰਭੂ ਦੇ ਨਾਮ ਦੀ ਇਕਾਗ੍ਰਤਾ ਵਿਚ ਟਿਕਿਆ ਰਹੇ)।

22660	505	ਸੋ ਮਨੁ ਨਿਰਮਲੁ ਜਿਤੁ ਸਾਚੁ ਅੰਤਰਿ ਗਿਆਨ ਰਤਨੁ ਸਾਰੰ॥੬॥		So Man Niramal Jith Saach Anthar Giaan Rathan Saaran ||6||	That mind is pure, which enshrines Truth within, and the most excellent jewel of spiritual wisdom. ||6||	ਜਿਸ ਮਨ ਵਿਚ ਸਦਾ-ਥਿਰ ਪ੍ਰਭੂ ਟਿਕ ਜਾਏ ਉਹ ਮਨ ਪਵਿਤ੍ਰ ਹੋ ਜਾਂਦਾ ਹੈ, ਉਸ ਦੇ ਅੰਦਰ ਪ੍ਰਭੂ-ਗਿਆਨ ਦਾ ਸ੍ਰੇਸ਼ਟ ਰਤਨ ਮੌਜੂਦ ਰਹਿੰਦਾ ਹੈ ॥੬॥
22661	505	ਭੈ ਭਾਇ ਭਗਤਿ ਤਰੁ ਭਵਜਲੁ ਮਨਾ ਚਿਤੁ ਲਾਇ ਹਰਿ ਚਰਣੀ॥		Bhai Bhaae Bhagath Thar Bhavajal Manaa Chith Laae Har Charanee ||	By the Fear of God, and Love of God, and by devotion, man crosses over the terrifying world-ocean, focusing his consciousness on the Lord's Lotus Feet.	ਹੇ (ਮੇਰੇ) ਮਨ! ਪਰਮਾਤਮਾ ਦੇ ਡਰ-ਅਦਬ ਵਿਚ ਰਹੁ, ਪ੍ਰਭੂ ਦੇ ਪਿਆਰ ਵਿਚ ਰਹੁ, ਪ੍ਰਭੂ ਦੀ ਭਗਤੀ ਕਰ, ਪ੍ਰਭੂ ਦੇ ਚਰਨਾਂ ਵਿਚ ਸੁਰਤਿ ਜੋੜ, ਇਸ ਤਰ੍ਹਾਂ ਸੰਸਾਰ-ਸਮੁੰਦਰ ਤੋਂ ਪਾਰ ਲੰਘ।
22662	506	ਹਰਿ ਨਾਮੁ ਹਿਰਦੈ ਪਵਿਤ੍ਰੁ ਪਾਵਨੁ ਇਹੁ ਸਰੀਰੁ ਤਉ ਸਰਣੀ॥੭॥		Har Naam Hiradhai Pavithra Paavan Eihu Sareer Tho Saranee ||7||	The Name of the Lord, the most pure and sacred, is within my heart; this body is Your Sanctuary, Lord. ||7||	ਪਰਮਾਤਮਾ ਦਾ ਪਵਿਤ੍ਰ ਨਾਮ ਆਪਣੇ ਹਿਰਦੇ ਵਿਚ (ਰੱਖ ਤੇ ਪ੍ਰਭੂ ਅੱਗੇ ਇਉਂ ਅਰਦਾਸ ਕਰ- ਹੇ ਪ੍ਰਭੂ!) ਮੇਰਾ ਇਹ ਸਰੀਰ ਤੇਰੀ ਸਰਨ ਹੈ (ਭਾਵ, ਮੈਂ ਤੇਰੀ ਸਰਨ ਆਇਆ ਹਾਂ) ॥੭॥
22663	506	ਲਬ ਲੋਭ ਲਹਰਿ ਨਿਵਾਰਣੰ ਹਰਿ ਨਾਮ ਰਾਸਿ ਮਨੰ॥	(ਨਿਵਾਰਣੰ) ਦੂਰ ਕਰਨਾ।ਲਹ-ਰਿ	Lab Lobh Lehar Nivaaranan Har Naam Raas Manan ||	The waves of greed and avarice are subdued, by treasuring the Lord's Name in the mind.	ਹੇ ਨਾਨਕ! ਪਰਮਾਤਮਾ ਦਾ ਨਾਮ (ਆਤਮਕ ਜੀਵਨ ਦਾ ਸਰਮਾਇਆ ਹੈ, ਇਸ) ਸਰਮਾਏ ਨੂੰ ਆਪਣੇ ਮਨ ਵਿਚ ਸਾਂਭ ਕੇ ਰੱਖ, ਇਹ ਲੱਬ ਤੇ ਲੋਭ ਦੀਆਂ ਲਹਿਰਾਂ ਨੂੰ ਦੂਰ ਕਰਨ ਦੇ ਸਮਰੱਥ ਹੈ।

22664	506	ਮਨੁ ਮਾਰਿ ਤੁਹੀ ਨਿਰੰਜਨਾ ਕਹੁ ਨਾਨਕਾ ਸਰਨੰ॥੮॥੧॥੫॥		Man Maar Thuhee Niranjanaa Kahu Naanakaa Saranan ||8||1||5||	Subdue my mind, O Pure Immaculate Lord; says Nanak, I have entered Your Sanctuary. ||8||1||5||	ਆਪਣੇ ਮਨ ਨੂੰ (ਲਬ ਲੋਭ ਵਲੋਂ) ਕਾਬੂ ਕਰ ਕੇ ਰੱਖ, ਹੇ ਨਾਨਕ! ਤੇ ਇਹ ਆਖ: ਹੇ ਨਿਰੰਜਨ! ਮੈਂ ਤੇਰੀ ਸਰਨ ਆਇਆ ਹਾਂ ॥੮॥੧॥੫॥
22665	506	ਗੂਜਰੀ ਮਹਲਾ ੩ ਘਰੁ ੧		Goojaree Mehalaa 3 Ghar 1	Goojaree, Third Mehl, First House:	ਰਾਗ ਗੂਜਰੀ, ਘਰ ੧ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।
22666	506	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22667	506	ਨਿਰਤਿ ਕਰੀ ਇਹੁ ਮਨੁ ਨਚਾਈ॥	(ਨਿਰਤਿ) ਨਾਚ	Nirath Karee Eihu Man Nachaaee ||	I dance, and make this mind dance as well.	(ਰਾਸਧਾਰੀਏ ਰਾਸਾਂ ਪਾ ਪਾ ਕੇ ਨੱਚਦੇ ਹਨ ਤੇ ਭਗਤ ਅਖਵਾਂਦੇ ਹਨ) ਮੈਂ ਭੀ ਨੱਚਦਾ ਹਾਂ (ਪਰ ਸਰੀਰ ਨੂੰ ਨਚਾਣ ਦੇ ਥਾਂ) ਮੈਂ (ਆਪਣੇ) ਇਸ ਮਨ ਨੂੰ ਨਚਾਂਦਾ ਹਾਂ,
22668	506	ਗੁਰ ਪਰਸਾਦੀ ਆਪੁ ਗਵਾਈ॥		Gur Parasaadhee Aap Gavaaee ||	By Guru's Grace, I eliminate my self-conceit.	ਗੁਰੂ ਦੀ ਕਿਰਪਾ ਨਾਲ (ਆਪਣੇ ਅੰਦਰੋਂ) ਮੈਂ ਆਪਾ-ਭਾਵ ਦੂਰ ਕਰਦਾ ਹਾਂ।

22669	506	ਚਿਤੁ ਥਿਰੁ ਰਾਖੈ ਸੋ ਮੁਕਤਿ ਹੋਵੈ ਜੋ ਇਛੀ ਸੋਈ ਫਲੁ ਪਾਈ॥੧॥	(ਥਿਰੁ) ਅਚੱਲ	Chith Thhir Raakhai So Mukath Hovai Jo Eishhee Soee Fal Paaee ||1||	One who keeps his consciousness focused on the Lord is liberated; he obtains the fruits of his desires. ||1||	(ਰਾਸਾਂ ਵਿਚ ਨੱਚਿਆਂ ਟੱਪਿਆਂ ਮੁਕਤੀ ਨਹੀਂ ਮਿਲਦੀ, ਨਾਹ ਹੀ ਭਗਤ ਬਣ ਸਕੀਦਾ ਹੈ) ਜੇਹੜਾ ਮਨੁੱਖ ਆਪਣੇ ਚਿੱਤ ਨੂੰ (ਪ੍ਰਭੂ-ਚਰਨਾਂ ਵਿਚ) ਅਡੋਲ ਰੱਖਦਾ ਹੈ ਉਹ ਮਾਇਆ ਦੇ ਬੰਧਨਾਂ ਤੋਂ ਖ਼ਲਾਸੀ (ਦਾ ਆਸਵੰਦ) ਹੋ ਜਾਂਦਾ ਹੈ, (ਤੇ ਇਸ ਤਰ੍ਹਾਂ) ਮੈਂ ਜੇਹੜੀ ਇੱਛਾ ਕਰਦਾ ਹਾਂ (ਪਰਮਾਤਮਾ ਦੇ ਦਰ ਤੋਂ) ਉਹੀ ਫਲ ਪਾ ਲੈਂਦਾ ਹਾਂ ॥੧॥
22670	506	ਨਾਚੁ ਰੇ ਮਨ ਗੁਰ ਕੈ ਆਗੈ॥		Naach Rae Man Gur Kai Aagai ||	So dance, O mind, before your Guru.	ਹੇ ਮਨ! ਗੁਰੂ ਦੀ ਹਜ਼ੂਰੀ ਵਿਚ ਨੱਚ (ਗੁਰੂ ਦੇ ਹੁਕਮ ਵਿਚ ਤੁਰ)।
22671	506	ਗੁਰ ਕੈ ਭਾਣੈ ਨਾਚਹਿ ਤਾ ਸੁਖੁ ਪਾਵਹਿ ਅੰਤੇ ਜਮ ਭਉ ਭਾਗੈ॥ਰਹਾਉ॥		Gur Kai Bhaanai Naachehi Thaa Sukh Paavehi Anthae Jam Bho Bhaagai || Rehaao ||	If you dance according to the Guru's Will, you shall obtain peace, and in the end, the fear of death shall leave you. ||Pause||	ਜੇ ਤੂੰ ਉਵੇਂ ਨੱਚੇਂਗਾ ਜਿਵੇਂ ਗੁਰੂ ਨਚਾਏਗਾ (ਜੇ ਤੂੰ ਗੁਰੂ ਦੇ ਹੁਕਮ ਵਿਚ ਤੁਰੇਂਗਾ) ਤਾਂ ਆਨੰਦ ਮਾਣੇਂਗਾ, ਅਖ਼ੀਰ ਵੇਲੇ ਮੌਤ ਦਾ ਡਰ (ਭੀ ਤੈਥੋਂ ਦੂਰ) ਭੱਜ ਜਾਇਗਾ। ਰਹਾਉ॥
22672	506	ਆਪਿ ਨਚਾਏ ਸੋ ਭਗਤੁ ਕਹੀਐ ਆਪਣਾ ਪਿਆਰੁ ਆਪਿ ਲਾਏ॥	ਨੱਚਾਏ	Aap Nachaaeae So Bhagath Keheeai Aapanaa Piaar Aap Laaeae ||	One whom the Lord Himself causes to dance, is called a devotee. He Himself links us to His Love.	ਜਿਸ ਮਨੁੱਖ ਨੂੰ ਪਰਮਾਤਮਾ ਆਪਣੇ ਇਸ਼ਾਰਿਆਂ ਤੇ ਤੋਰਦਾ ਹੈ ਜਿਸ ਮਨੁੱਖ ਨੂੰ ਆਪਣੇ ਚਰਨਾਂ ਦਾ ਪਿਆਰ ਬਖ਼ਸ਼ਦਾ ਹੈ ਉਹ ਮਨੁੱਖ (ਅਸਲ) ਭਗਤ ਕਿਹਾ ਜਾ ਸਕਦਾ ਹੈ।

22673	506	ਆਪੇ ਗਾਵੈ ਆਪਿ ਸੁਣਾਵੈ ਇਸੁ ਮਨ ਅੰਧੇ ਕਉ ਮਾਰਗਿ ਪਾਏ॥੨॥		Aapae Gaavai Aap Sunaavai Eis Man Andhhae Ko Maarag Paaeae ||2||	He Himself sings, He Himself listens, and He puts this blind mind on the right path. ||2||	ਪਰਮਾਤਮਾ ਆਪ ਹੀ (ਉਸ ਮਨੁੱਖ ਵਾਸਤੇ, ਰਜ਼ਾ ਵਿਚ ਤੁਰਨ ਦਾ ਗੀਤ) ਗਾਂਦਾ ਹੈ ਆਪ ਹੀ (ਇਹ ਗੀਤ ਉਸ ਮਨੁੱਖ ਨੂੰ) ਸੁਣਾਂਦਾ ਹੈ, ਤੇ, ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਇਸ ਮਨ ਨੂੰ ਸਹੀ ਜੀਵਨ-ਰਾਹ ਉਤੇ ਲਿਆਉਂਦਾ ਹੈ ॥੨॥
22674	506	ਅਨ ਦਿਨੁ ਨਾਚੈ ਸਕਤਿ ਨਿਵਾਰੈ ਸਿਵ ਘਰਿ ਨੀਦ ਨ ਹੋਈ॥	(ਸਕਤਿ) ਮਾਇਆ, (ਸਿਵ) ਪਰਮਾਤਮਾ	Anadhin Naachai Sakath Nivaarai Siv Ghar Needh N Hoee ||	One who dances night and day, and banishes Shakti's Maya, enters the House of the Lord Shiva, where there is no sleep.	ਜੇਹੜਾ ਮਨੁੱਖ ਹਰ ਵੇਲੇ ਪਰਮਾਤਮਾ ਦੀ ਰਜ਼ਾ ਵਿਚ ਤੁਰਦਾ ਹੈ ਉਹ (ਆਪਣੇ ਅੰਦਰੋਂ) ਮਾਇਆ (ਦਾ ਪ੍ਰਭਾਵ) ਦੂਰ ਕਰ ਲੈਂਦਾ ਹੈ। ਕਲਿਆਣ-ਸਰੂਪ ਪ੍ਰਭੂ ਦੇ ਚਰਨਾਂ ਵਿਚ ਜੁੜਿਆਂ ਮਾਇਆ ਦੇ ਮੋਹ ਦੀ ਨੀਂਦ ਜ਼ੋਰ ਨਹੀਂ ਪਾ ਸਕਦੀ।
22675	506	ਸਕਤੀ ਘਰਿ ਜਗਤੁ ਸੂਤਾ ਨਾਚੈ ਟਾਪੈ ਅਵਰੋ ਗਾਵੈ ਮਨਮੁਖਿ ਭਗਤਿ ਨ ਹੋਈ॥੩॥	ਜੱਗਤੁ	Sakathee Ghar Jagath Soothaa Naachai Ttaapai Avaro Gaavai Manamukh Bhagath N Hoee ||3||	The world is asleep in Maya, the house of Shakti; it dances, jumps and sings in duality. The self-willed manmukh has no devotion. ||3||	ਜਗਤ ਮਾਇਆ ਦੇ ਮੋਹ ਵਿਚ ਸੁੱਤਾ ਹੋਇਆ (ਮਾਇਆ ਦੇ ਹੱਥਾਂ ਉੱਤੇ) ਨੱਚਦਾ ਟੱਪਦਾ ਰਹਿੰਦਾ ਹੈ (ਦੁਨੀਆ ਵਾਲੀ ਦੌੜ-ਭੱਜ ਕਰਦਾ ਰਹਿੰਦਾ ਹੈ)। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਪਾਸੋਂ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ ॥੩॥

22676	506	ਸੁਰਿ ਨਰ ਵਿਰਤਿ ਪਖਿ ਕਰਮੀ ਨਾਚੇ ਮੁਨਿ ਜਨ ਗਿਆਨ ਬੀਚਾਰੀ॥	(ਵਿਰਤਿ)	Sur Nar Virath Pakh Karamee Naachae Mun Jan Giaan Beechaaree ||	The angels, mortals, renunciates, ritualists, silent sages and beings of spiritual wisdom dance.	ਦੈਵੀ ਸੁਭਾਵ ਵਾਲੇ ਮਨੁੱਖ ਦੁਨੀਆ ਦੀ ਕਿਰਤ-ਕਾਰ ਕਰਦੇ ਹੋਏ ਭੀ, ਰਿਸ਼ੀ-ਮੁਨੀ ਲੋਕ ਆਤਮਕ ਜੀਵਨ ਦੀ ਸੂਝ ਨਾਲ ਵਿਚਾਰਵਾਨ ਹੋ ਕੇ, ਪਰਮਾਤਮਾ ਦੀ ਕਿਰਪਾ ਨਾਲ (ਪਰਮਾਤਮਾ ਦੀ ਰਜ਼ਾ ਵਿਚ ਤੁਰਨ ਵਾਲਾ) ਨਾਚ ਨੱਚਦੇ ਹਨ।
22677	506	ਸਿਧ ਸਾਧਿਕ ਲਿਵ ਲਾਗੀ ਨਾਚੇ ਜਿਨ ਗੁਰਮੁਖਿ ਬੁਧਿ ਵੀਚਾਰੀ॥੪॥	ਸਿੱਧ	Sidhh Saadhhik Liv Laagee Naachae Jin Guramukh Budhh Veechaaree ||4||	The Siddhas and seekers, lovingly focused on the Lord, dance, as do the Gurmukhs, whose minds dwell in reflective meditation. ||4||	ਆਤਮਕ ਜੀਵਨ ਦੀ ਭਾਲ ਵਾਸਤੇ ਸਾਧਨ ਕਰਨ ਵਾਲੇ ਜੇਹੜੇ ਮਨੁੱਖ ਗੁਰੂ ਦੀ ਰਾਹੀਂ ਸ੍ਰੇਸ਼ਟ ਬੁੱਧੀ ਪ੍ਰਾਪਤ ਕਰ ਕੇ ਵਿਚਾਰਵਾਨ ਹੋ ਜਾਂਦੇ ਹਨ ਉਹਨਾਂ ਦੀ ਸੁਰਤਿ ਪ੍ਰਭੂ-ਚਰਨਾਂ ਵਿਚ ਜੁੜੀ ਰਹਿੰਦੀ ਹੈ, ਉਹ (ਭੀ ਰਜ਼ਾ ਵਿਚ ਤੁਰਨ ਵਾਲਾ) ਨਾਚ ਨੱਚਦੇ ਹਨ ॥੪॥
22678	506	ਖੰਡ ਬ੍ਰਹਮੰਡ ਤ੍ਰੈ ਗੁਣ ਨਾਚੇ ਜਿਨ ਲਾਗੀ ਹਰਿ ਲਿਵ ਤੁਮਾਰੀ॥		Khandd Brehamandd Thrai Gun Naachae Jin Laagee Har Liv Thumaaree ||	The planets and solar systems dance in the three qualities, as do those who bear love for You, Lord.	ਹੇ ਪ੍ਰਭੂ! ਸਾਰੇ ਜੀਵ ਜੰਤ (ਮਾਇਆ ਦੇ ਹੱਥਾਂ ਤੇ) ਨੱਚ ਰਹੇ ਹਨ, ਚੌਹਾਂ ਖਾਣੀਆਂ ਦੇ ਜੀਵ ਨੱਚ ਰਹੇ ਹਨ, ਖੰਡਾਂ ਬ੍ਰਹਮੰਡਾਂ ਦੇ ਸਾਰੇ ਜੀਵ ਤ੍ਰਿਗੁਣੀ ਮਾਇਆ ਦੇ ਪ੍ਰਭਾਵ ਵਿਚ ਨੱਚ ਰਹੇ ਹਨ;

22679	506	ਜੀਅ ਜੰਤ ਸਭੇ ਹੀ ਨਾਚੇ ਨਾਚਹਿ ਖਾਣੀ ਚਾਰੀ॥੫॥		Jeea Janth Sabhae Hee Naachae Naachehi Khaanee Chaaree ||5||	The beings and creatures all dance, and the four sources of creation dance. ||5||	ਪਰ, ਹੇ ਪ੍ਰਭੂ! ਜਿਨ੍ਹਾਂ ਨੂੰ ਤੇਰੇ ਚਰਨਾਂ ਦੀ ਲਗਨ ਲੱਗੀ ਹੈ ਉਹ ਤੇਰੀ ਰਜ਼ਾ ਵਿਚ ਤੁਰਨ ਦਾ ਨਾਚ ਨੱਚਦੇ ਹਨ ॥੫॥
22680	506	ਜੋ ਤੁਧੁ ਭਾਵਹਿ ਸੇਈ ਨਾਚਹਿ ਜਿਨ ਗੁਰਮੁਖਿ ਸਬਦਿ ਲਿਵ ਲਾਏ॥		Jo Thudhh Bhaavehi Saeee Naachehi Jin Guramukh Sabadh Liv Laaeae ||	They alone dance, who are pleasing to You, and who, as Gurmukhs, embrace love for the Word of the Shabad.	ਹੇ ਪ੍ਰਭੂ! ਜੇਹੜੇ ਮਨੁੱਖ ਤੈਨੂੰ ਪਿਆਰੇ ਲੱਗਦੇ ਹਨ ਉਹੀ ਤੇਰੇ ਇਸ਼ਾਰਿਆਂ ਤੇ ਤੁਰਦੇ ਹਨ। ਜਿਨ੍ਹਾਂ ਮਨੁੱਖਾਂ ਨੂੰ ਗੁਰੂ ਦੇ ਸਨਮੁਖ ਕਰ ਕੇ ਗੁਰੂ ਦੇ ਸ਼ਬਦ ਵਿਚ ਜੋੜ ਕੇ ਆਪਣੇ ਚਰਨਾਂ ਦੀ ਪ੍ਰੀਤ ਬਖ਼ਸ਼ਦਾ ਹੈਂ,
22681	506	ਸੇ ਭਗਤ ਸੇ ਤਤੁ ਗਿਆਨੀ ਜਿਨ ਕਉ ਹੁਕਮੁ ਮਨਾਏ॥੬॥		Sae Bhagath Sae Thath Giaanee Jin Ko Hukam Manaaeae ||6||	They are devotees, with the essence of spiritual wisdom, who obey the Hukam of His Command. ||6||	ਜਿਨ੍ਹਾਂ ਨੂੰ ਆਪਣਾ ਭਾਣਾ ਮਿੱਠਾ ਕਰ ਕੇ ਮਨਾਂਦਾ ਹੈ ਉਹੀ ਮਨੁੱਖ ਅਸਲ ਭਗਤ ਹਨ (ਰਾਸਾਂ ਵਿਚ ਨੱਚਣ ਵਾਲੇ ਭਗਤ ਨਹੀਂ ਹਨ), ਉਹੀ ਮਨੁੱਖ ਸਾਰੇ ਜਗਤ ਦੇ ਮੂਲ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਰੱਖਦੇ ਹਨ ॥੬॥
22682	506	ਏਹਾ ਭਗਤਿ ਸਚੇ ਸਿਉ ਲਿਵ ਲਾਗੈ ਬਿਨੁ ਸੇਵਾ ਭਗਤਿ ਨ ਹੋਈ॥		Eaehaa Bhagath Sachae Sio Liv Laagai Bin Saevaa Bhagath N Hoee ||	This is devotional worship, that one loves the True Lord; without service, one cannot be a devotee.	ਉਹੀ ਉੱਤਮ ਭਗਤੀ ਅਖਵਾ ਸਕਦੀ ਹੈ ਜਿਸ ਦੀ ਰਾਹੀਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨਾਲ ਪਿਆਰ ਬਣਿਆ ਰਹੇ। ਅਜੇਹੀ ਭਗਤੀ (ਗੁਰੂ ਦੀ ਦੱਸੀ) ਸੇਵਾ ਕਰਨ ਤੋਂ ਬਿਨਾ ਨਹੀਂ ਹੋ ਸਕਦੀ।

22683	506	ਜੀਵਤੁ ਮਰੈ ਤਾ ਸਬਦੁ ਬੀਚਾਰੈ ਤਾ ਸਚੁ ਪਾਵੈ ਕੋਈ॥੭॥		Jeevath Marai Thaa Sabadh Beechaarai Thaa Sach Paavai Koee ||7||	If one remains dead while yet alive, he reflects upon the Shabad, and then, he obtains the True Lord. ||7||	ਜਦੋਂ ਮਨੁੱਖ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਮਾਇਆ ਦੇ ਮੋਹ ਵਲੋਂ ਅਛੋਹ ਹੋ ਜਾਂਦਾ ਹੈ ਤਦੋਂ ਉਹ ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਈ ਰੱਖਦਾ ਹੈ, ਤਦੋਂ ਹੀ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਮਿਲਾਪ ਹਾਸਲ ਕਰਦਾ ਹੈ ॥੭॥
22684	506	ਮਾਇਆ ਕੈ ਅਰਥਿ ਬਹੁਤੁ ਲੋਕ ਨਾਚੇ ਕੋ ਵਿਰਲਾ ਤਤੁ ਬੀਚਾਰੀ॥		Maaeiaa Kai Arathh Bahuth Lok Naachae Ko Viralaa Thath Beechaaree ||	So many people dance for the sake of Maya; how rare are those who contemplate reality.	ਮਾਇਆ ਕਮਾਣ ਦੀ ਖ਼ਾਤਰ ਤਾਂ ਬਹੁਤ ਲੁਕਾਈ (ਮਾਇਆ ਦੇ ਹੱਥਾਂ ਉਤੇ) ਨੱਚ ਰਹੀ ਹੈ, ਕੋਈ ਵਿਰਲਾ ਮਨੁੱਖ ਹੈ ਜੇਹੜਾ ਅਸਲ ਆਤਮਕ ਜੀਵਨ ਨੂੰ ਪਛਾਣਦਾ ਹੈ।
22685	506	ਗੁਰ ਪਰਸਾਦੀ ਸੋਈ ਜਨੁ ਪਾਏ ਜਿਨ ਕਉ ਕ੍ਰਿਪਾ ਤੁਮਾਰੀ॥੮॥		Gur Parasaadhee Soee Jan Paaeae Jin Ko Kirapaa Thumaaree ||8||	By Guru's Grace, that humble being obtains You, Lord, upon whom You show Mercy. ||8||	ਹੇ ਪ੍ਰਭੂ! ਉਹੀ ਉਹੀ ਮਨੁੱਖ ਗੁਰੂ ਦੀ ਕਿਰਪਾ ਨਾਲ ਤੇਰਾ ਮਿਲਾਪ ਹਾਸਲ ਕਰਦਾ ਹੈ ਜਿਨ੍ਹਾਂ ਉਤੇ ਤੇਰੀ ਮੇਹਰ ਹੁੰਦੀ ਹੈ ॥੮॥
22686	506	ਇਕੁ ਦਮੁ ਸਾਚਾ ਵੀਸਰੈ ਸਾ ਵੇਲਾ ਬਿਰਥਾ ਜਾਇ ॥		Eik Dham Saachaa Veesarai Saa Vaelaa Birathhaa Jaae ||	If I forget the True Lord, even for an instant, that time passes in vain.	ਜੇਹੜਾ ਭੀ ਇਕ ਸਾਹ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਭੁੱਲਿਆ ਰਹੇ ਉਹ ਸਮਾ ਵਿਅਰਥ ਚਲਾ ਜਾਂਦਾ ਹੈ।

22687	506	ਸਾਹਿ ਸਾਹਿ ਸਦਾ ਸਮਾਲੀਐ ਆਪੇ ਬਖਸੇ ਕਰੇ ਰਜਾਇ॥੯॥		Saahi Saahi Sadhaa Samaaleeai Aapae Bakhasae Karae Rajaae ||9||	With each and every breath, constantly remember the Lord; He Himself shall forgive you, according to His Will. ||9||	ਹਰੇਕ ਸਾਹ ਦੇ ਨਾਲ ਸਦਾ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾ ਰੱਖਣਾ ਚਾਹੀਦਾ ਹੈ। (ਪਰ ਇਹ ਉੱਦਮ ਉਹੀ ਮਨੁੱਖ ਕਰ ਸਕਦਾ ਹੈ ਜਿਸ ਉਤੇ) ਪਰਮਾਤਮਾ ਆਪ ਹੀ ਮੇਹਰ ਕਰ ਕੇ ਬਖ਼ਸ਼ਸ਼ ਕਰੇ ॥੯॥
22688	506	ਸੇਈ ਨਾਚਹਿ ਜੋ ਤੁਧੁ ਭਾਵਹਿ ਜਿ ਗੁਰਮੁਖਿ ਸਬਦੁ ਵੀਚਾਰੀ॥		Saeee Naachehi Jo Thudhh Bhaavehi J Guramukh Sabadh Veechaaree ||	They alone dance, who are pleasing to Your Will, and who, as Gurmukhs, contemplate the Word of the Shabad.	ਹੇ ਪ੍ਰਭੂ! ਜੇਹੜੇ ਮਨੁੱਖ ਤੈਨੂੰ ਚੰਗੇ ਲੱਗਦੇ ਹਨ ਉਹੀ ਤੇਰੀ ਰਜ਼ਾ ਵਿਚ ਤੁਰਦੇ ਹਨ ਕਿਉਂਕਿ ਉਹ ਗੁਰੂ ਦੀ ਸਰਨ ਪੈ ਕੇ ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾ ਲੈਂਦੇ ਹਨ।
22689	506	ਕਹੁ ਨਾਨਕ ਸੇ ਸਹਜ ਸੁਖੁ ਪਾਵਹਿ ਜਿਨ ਕਉ ਨਦਰਿ ਤੁਮਾਰੀ॥੧੦॥੧॥੬॥		Kahu Naanak Sae Sehaj Sukh Paavehi Jin Ko Nadhar Thumaaree ||10||1||6||	Says Nanak, they alone find celestial peace, whom You bless with Your Grace. ||10||1||6||	ਨਾਨਕ ਆਖਦਾ ਹੈ- (ਹੇ ਪ੍ਰਭੂ!) ਜਿਨ੍ਹਾਂ ਉੱਤੇ ਤੇਰੀ ਮੇਹਰ ਦੀ ਨਜ਼ਰ ਪੈਂਦੀ ਹੈ ਉਹ ਮਨੁੱਖ ਆਤਮਕ ਅਡੋਲਤਾ ਦਾ ਆਨੰਦ ਮਾਣਦੇ ਹਨ ॥੧੦॥੧॥੬॥
22690	506	ਗੂਜਰੀ ਮਹਲਾ ੪ ਘਰੁ ੨		Goojaree Mehalaa 4 Ghar 2	Goojaree, Fourth Mehl, Second House:	ਰਾਗ ਗੂਜਰੀ, ਘਰ ੨ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।

22691	506	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22692	506	ਹਰਿ ਬਿਨੁ ਜੀਅਰਾ ਰਹਿ ਨ ਸਕੈ ਜਿਉ ਬਾਲਕੁ ਖੀਰ ਅਧਾਰੀ॥	(ਖੀਰ) ਦੁੱਧ	Har Bin Jeearaa Rehi N Sakai Jio Baalak Kheer Adhhaaree ||	Without the Lord, my soul cannot survive, like an infant without milk.	ਮੇਰੀ ਕਮਜ਼ੋਰ ਜਿੰਦ ਪਰਮਾਤਮਾ (ਦੇ ਮਿਲਾਪ) ਤੋਂ ਬਿਨਾ ਧੀਰਜ ਨਹੀਂ ਫੜ ਸਕਦੀ, ਜਿਵੇਂ ਛੋਟਾ ਬਾਲ ਦੁੱਧ ਦੇ ਸਹਾਰੇ ਹੀ ਰਹਿ ਸਕਦਾ ਹੈ।
22693	506	ਅਗਮ ਅਗੋਚਰ ਪ੍ਰਭੁ ਗੁਰਮੁਖਿ ਪਾਈਐ ਅਪੁਨੇ ਸਤਿਗੁਰ ਕੈ ਬਲਿਹਾਰੀ॥੧॥	(ਅਗਮ) ਗਮ ਤੋਂ ਰਹਿਤ, (ਅਗੋਚਰ) ਸੁਤੰਤਰ	Agam Agochar Prabh Guramukh Paaeeai Apunae Sathigur Kai Balihaaree ||1||	The inaccessible and incomprehensible Lord God is obtained by the Gurmukh; I am a sacrifice to my True Guru. ||1||	ਉਹ ਪ੍ਰਭੂ, ਜੋ ਅਪਹੁੰਚ ਹੈ (ਜਿਸ ਤਕ ਜੀਵ ਆਪਣੀ ਸਿਆਣਪ ਦੇ ਬਲ ਨਾਲ ਨਹੀਂ ਪਹੁੰਚ ਸਕਦਾ), ਜਿਸ ਤਕ ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਗੁਰੂ ਦੀ ਸਰਨ ਪਿਆਂ ਹੀ ਮਿਲਦਾ ਹੈ, (ਇਸ ਵਾਸਤੇ) ਮੈਂ ਆਪਣੇ ਗੁਰੂ ਤੋਂ (ਸਦਾ) ਸਦਕੇ ਜਾਂਦਾ ਹਾਂ ॥੧॥
22694	506	ਮਨ ਰੇ ਹਰਿ ਕੀਰਤਿ ਤਰੁ ਤਾਰੀ॥	(ਕੀਰਤਿ) ਵਡਿਆਈ, (ਤਾਰੀ) ਬੇੜੀ	Man Rae Har Keerath Thar Thaaree ||	O my mind, the Kirtan of the Lord's Praise is a boat to carry you across.	ਹੇ (ਮੇਰੇ) ਮਨ! ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਰਾਹੀਂ (ਸੰਸਾਰ-ਸਮੁੰਦਰ ਤੋਂ) ਪਾਰ ਲੰਘਣ ਦਾ ਜਤਨ ਕਰਿਆ ਕਰ।

22695	506	ਗੁਰਮੁਖਿ ਨਾਮੁ ਅੰਮ੍ਰਿਤ ਜਲੁ ਪਾਈਐ ਜਿਨ ਕਉ ਕ੍ਰਿਪਾ ਤੁਮਾਰੀ॥ਰਹਾਉ॥		Guramukh Naam Anmrith Jal Paaeeai Jin Ko Kirapaa Thumaaree || Rehaao ||	The Gurmukhs obtain the Ambrosial Water of the Naam, the Name of the Lord. You bless them with Your Grace. ||Pause||	ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਜਲ ਗੁਰੂ ਦੀ ਸਰਨ ਪਿਆਂ ਮਿਲਦਾ ਹੈ। (ਪਰ, ਹੇ ਪ੍ਰਭੂ! ਤੇਰਾ ਨਾਮ-ਜਲ ਉਹਨਾਂ ਨੂੰ ਹੀ ਮਿਲਦਾ ਹੈ) ਜਿਨ੍ਹਾਂ ਉਤੇ ਤੇਰੀ ਕਿਰਪਾ ਹੋਵੇ। ਰਹਾਉ॥
22696	507	ਸਨਕ ਸਨੰਦਨ ਨਾਰਦ ਮੁਨਿ ਸੇਵਹਿ ਅਨ ਦਿਨੁ ਜਪਤ ਰਹਹਿ ਬਨਵਾਰੀ॥	ਰਹ–ਹਿ	Sanak Sanandhan Naaradh Mun Saevehi Anadhin Japath Rehehi Banavaaree ||	Sanak, Sanandan and Naarad the sage serve You; night and day, they continue to chant Your Name, O Lord of the jungle.	(ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਵਾਸਤੇ) ਸਨਕ ਸਨੰਦਨ (ਆਦਿਕ ਰਿਸ਼ੀ) ਨਾਰਦ (ਆਦਿਕ) ਮੁਨੀ ਜਗਤ ਦੇ ਮਾਲਕ-ਪ੍ਰਭੂ ਦੀ ਹੀ ਸੇਵਾ-ਭਗਤੀ ਕਰਦੇ (ਰਹੇ) ਹਨ, ਹਰ ਵੇਲੇ (ਪ੍ਰਭੂ ਦਾ ਨਾਮ ਹੀ) ਜਪਦੇ (ਰਹੇ) ਹਨ।
22697	507	ਸਰਣਾਗਤਿ ਪ੍ਰਹਲਾਦ ਜਨ ਆਏ ਤਿਨ ਕੀ ਪੈਜ ਸਵਾਰੀ॥੨॥	ਸਰ–ਣਾਗਤਿ	Saranaagath Prehalaadh Jan Aaeae Thin Kee Paij Savaaree ||2||	Slave Prahlaad sought Your Sanctuary, and You saved his honor. ||2||	ਪ੍ਰਹਲਾਦ (ਆਦਿਕ ਜੇਹੜੇ ਜੇਹੜੇ) ਭਗਤ ਪਰਮਾਤਮਾ ਦੀ ਸਰਨ ਆਏ, ਪਰਮਾਤਮਾ ਉਹਨਾਂ ਦੀ ਇੱਜ਼ਤ ਬਚਾਂਦਾ ਰਿਹਾ ॥੨॥
22698	507	ਅਲਖ ਨਿਰੰਜਨੁ ਏਕੋ ਵਰਤੈ ਏਕਾ ਜੋਤਿ ਮੁਰਾਰੀ॥		Alakh Niranjan Eaeko Varathai Eaekaa Joth Muraaree ||	The One unseen immaculate Lord is pervading everywhere, as is the Light of the Lord.	ਸਾਰੇ ਜਗਤ ਵਿਚ ਇਕ ਅਦ੍ਰਿਸ਼ਟ ਤੇ ਨਿਰਲੇਪ ਪਰਮਾਤਮਾ ਹੀ ਵੱਸ ਰਿਹਾ ਹੈ, ਸਾਰੇ ਸੰਸਾਰ ਵਿਚ ਪਰਮਾਤਮਾ ਦਾ ਹੀ ਨੂਰ ਪ੍ਰਕਾਸ਼ ਕਰ ਰਿਹਾ ਹੈ।

22699	507	ਸਭਿ ਜਾਚਿਕ ਤੂ ਏਕੋ ਦਾਤਾ ਮਾਗਹਿ ਹਾਥ ਪਸਾਰੀ॥੩॥		Sabh Jaachik Thoo Eaeko Dhaathaa Maagehi Haathh Pasaaree ||3||	All are beggars, You alone are the Great Giver. Reaching out our hands, we beg from You. ||3||	ਹੇ ਪ੍ਰਭੂ! ਇਕ ਤੂੰ ਹੀ (ਸਭ ਜੀਵਾਂ ਨੂੰ) ਦਾਤਾਂ ਦੇਣ ਵਾਲਾ ਹੈਂ, ਸਾਰੇ ਜੀਵ (ਤੇਰੇ ਦਰ ਤੇ) ਮੰਗਤੇ ਹਨ (ਤੇਰੇ ਅੱਗੇ) ਹੱਥ ਖਿਲਾਰ ਕੇ ਮੰਗ ਰਹੇ ਹਨ ॥੩॥
22700	507	ਭਗਤ ਜਨਾ ਕੀ ਊਤਮ ਬਾਣੀ ਗਾਵਹਿ ਅਕਥ ਕਥਾ ਨਿਤ ਨਿਆਰੀ॥	ਅ-ਕਥ ਕਥਾ ਪੋਲੇ	Bhagath Janaa Kee Ootham Baanee Gaavehi Akathh Kathhaa Nith Niaaree ||	The speech of the humble devotees is sublime; they sing continually the wondrous, Unspoken Speech of the Lord.	ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦਿਆਂ ਦੇ ਬਚਨ ਅਮੋਲਕ ਹੋ ਜਾਂਦੇ ਹਨ, ਉਹ ਸਦਾ ਉਸ ਪਰਮਾਤਮਾ ਦੀ ਅਨੋਖੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ, ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ।
22701	507	ਸਫਲ ਜਨਮੁ ਭਇਆ ਤਿਨ ਕੇਰਾ ਆਪਿ ਤਰੇ ਕੁਲ ਤਾਰੀ॥੪॥	(ਕੇਰਾ) ਦਾ	Safal Janam Bhaeiaa Thin Kaeraa Aap Tharae Kul Thaaree ||4||	Their lives become fruitful; they save themselves, and all their generations. ||4||	(ਸਿਫ਼ਤ-ਸਾਲਾਹ ਦੀ ਬਰਕਤਿ ਨਾਲ) ਉਹਨਾਂ ਦਾ ਮਨੁੱਖਾ ਜਨਮ ਕਾਮਯਾਬ ਹੋ ਜਾਂਦਾ ਹੈ, ਉਹ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ, ਆਪਣੀਆਂ ਕੁਲਾਂ ਨੂੰ ਭੀ ਲੰਘਾ ਲੈਂਦੇ ਹਨ ॥੪॥
22702	507	ਮਨਮੁਖ ਦੁਬਿਧਾ ਦੁਰਮਤਿ ਬਿਆਪੇ ਜਿਨ ਅੰਤਰਿ ਮੋਹ ਗੁਬਾਰੀ॥	(ਗੁਬਾਰੀ) ਹਨੇਰਾ	Manamukh Dhubidhhaa Dhuramath Biaapae Jin Anthar Moh Gubaaree ||	The self-willed manmukhs are engrossed in duality and evil-mindedness; within them is the darkness of attachment.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੁਚਿੱਤਾ-ਪਨ ਵਿਚ ਤੇ ਭੈੜੀ ਮਤਿ (ਦੇ ਪ੍ਰਭਾਵ) ਵਿਚ ਫਸੇ ਰਹਿੰਦੇ ਹਨ, ਕਿਉਂਕਿ ਉਹਨਾਂ ਦੇ ਹਿਰਦੇ ਵਿਚ (ਮਾਇਆ ਦੇ) ਮੋਹ ਦਾ ਹਨੇਰਾ ਪਿਆ ਰਹਿੰਦਾ ਹੈ।

22703	507	ਸੰਤ ਜਨਾ ਕੀ ਕਥਾ ਨ ਭਾਵੈ ਓਇ ਡੂਬੇ ਸਣੁ ਪਰਵਾਰੀ॥੫॥		Santh Janaa Kee Kathhaa N Bhaavai Oue Ddoobae San Paravaaree ||5||	They do not love the sermon of the humble Saints, and they are drowned along with their families. ||5||	(ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦਿਆਂ ਨੂੰ) ਸੰਤ ਜਨਾਂ ਦੀ (ਕੀਤੀ ਹੋਈ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ) ਗੱਲ ਨਹੀਂ ਸੁਖਾਂਦੀ (ਇਸ ਵਾਸਤੇ) ਉਹ ਆਪਣੇ ਪਰਵਾਰ ਸਮੇਤ (ਵਿਕਾਰ-ਭਰੇ ਸੰਸਾਰ-ਸਮੁੰਦਰ ਵਿਚ) ਡੁੱਬ ਜਾਂਦੇ ਹਨ ॥੫॥
22704	507	ਨਿੰਦਕੁ ਨਿੰਦਾ ਕਰਿ ਮਲੁ ਧੋਵੈ ਓਹੁ ਮਲ ਭਖੁ ਮਾਇਆਧਾਰੀ॥	(ਭਖੁ) ਖਾਣ ਵਾਲਾ	Nindhak Nindhaa Kar Mal Dhhovai Ouhu Malabhakh Maaeiaadhhaaree ||	By slandering, the slanderer washes the filth off others; he is an eater of filth, and a worshipper of Maya.	ਨਿੰਦਾ ਕਰਨ ਵਾਲਾ ਮਨੁੱਖ (ਦੂਜਿਆਂ ਦੀ) ਨਿੰਦਾ ਕਰ ਕਰ ਕੇ (ਉਹਨਾਂ ਦੇ ਕੀਤੇ ਮੰਦ-ਕਰਮਾਂ ਦੀ) ਮੈਲ ਤਾਂ ਧੋ ਦੇਂਦਾ ਹੈ, ਪਰ ਉਹ ਆਪ ਮਾਇਆ-ਵੇੜ੍ਹਿਆ ਮਨੁੱਖ ਪਰਾਈ ਮੈਲ ਖਾਣ ਦਾ ਆਦੀ ਬਣ ਜਾਂਦਾ ਹੈ।
22705	507	ਸੰਤ ਜਨਾ ਕੀ ਨਿੰਦਾ ਵਿਆਪੇ ਨਾ ਉਰਵਾਰਿ ਨ ਪਾਰੀ॥੬॥	(ਉਰਵਾਰਿ) ਇਸ ਲੋਕ। (ਪਾਰੀ) ਪਰਲੋਕ	Santh Janaa Kee Nindhaa Viaapae Naa Ouravaar N Paaree ||6||	He indulges in the slander of the humble Saints; he is neither on this shore, nor the shore beyond. ||6||	ਜੇਹੜੇ ਮਨੁੱਖ ਸੰਤ ਜਨਾਂ ਦੀ ਨਿੰਦਾ ਕਰਨ ਵਿਚ ਫਸੇ ਰਹਿੰਦੇ ਹਨ ਉਹ (ਇਸ ਨਿੰਦਾ ਦੇ ਸਮੁੰਦਰ ਵਿਚੋਂ) ਨਾਹ ਉਰਲੇ ਪਾਸੇ ਆ ਸਕਦੇ ਹਨ, ਨਾਹ ਪਰਲੇ ਪਾਸੇ ਲੰਘ ਸਕਦੇ ਹਨ ॥੬॥
22706	507	ਏਹੁ ਪਰਪੰਚੁ ਖੇਲੁ ਕੀਆ ਸਭੁ ਕਰਤੈ ਹਰਿ ਕਰਤੈ ਸਭ ਕਲ ਧਾਰੀ॥	(ਪਰਪੰਚੁ) ਜਗਤ	Eaehu Parapanch Khael Keeaa Sabh Karathai Har Karathai Sabh Kal Dhhaaree ||	All this worldly drama is set in motion by the Creator Lord; He has infused His almighty strength into all.	(ਪਰ, ਜੀਵਾਂ ਦੇ ਭੀ ਕੀਹ ਵੱਸ?) ਇਹ ਸਾਰਾ ਜਗਤ-ਤਮਾਸ਼ਾ ਕਰਤਾਰ ਨੇ ਆਪ ਬਣਾਇਆ ਹੈ, ਕਰਤਾਰ ਨੇ ਹੀ ਇਸ ਵਿਚ ਆਪਣੀ ਸੱਤਾ ਟਿਕਾਈ ਹੋਈ ਹੈ।

22707	507	ਹਰਿ ਏਕੋ ਸੂਤੁ ਵਰਤੈ ਜੁਗ ਅੰਤਰਿ ਸੂਤੁ ਖਿੰਚੈ ਏਕੰਕਾਰੀ॥੭॥		Har Eaeko Sooth Varathai Jug Anthar Sooth Khinchai Eaekankaaree ||7||	The thread of the One Lord runs through the world; when He pulls out this thread, the One Creator alone remains. ||7||	ਸਾਰੇ ਜਗਤ ਵਿਚ ਸਿਰਫ਼ ਪਰਮਾਤਮਾ ਦੀ ਸੱਤਾ ਦਾ ਧਾਗਾ ਪਸਰਿਆ ਹੋਇਆ ਹੈ, ਜਦੋਂ ਉਹ ਇਸ ਧਾਗੇ ਨੂੰ ਖਿੱਚ ਲੈਂਦਾ ਹੈ (ਤਾਂ ਜਗਤ-ਤਮਾਸ਼ਾ ਅਲੋਪ ਹੋ ਜਾਂਦਾ ਹੈ, ਤੇ) ਪਰਮਾਤਮਾ ਆਪ ਹੀ ਆਪ ਰਹਿ ਜਾਂਦਾ ਹੈ ॥੭॥
22708	507	ਰਸ ਨਿਰਸਨਿ ਰਸਿ ਗਾਵਹਿ ਹਰਿ ਗੁਣ ਰਸਨਾ ਹਰਿ ਰਸੁ ਧਾਰੀ॥	(ਨਿ-ਰਸਨਿ) ਰਸਤੋਂ ਨਿਰਾਸ ਹੋ ਕੇ	Rasan Rasan Ras Gaavehi Har Gun Rasanaa Har Ras Dhhaaree ||	With their tongues, they sing the Glorious Praises of the Lord, and savor Them. They place the sublime essence of the Lord upon their tongues, and savor it.	(ਜੇਹੜੇ ਮਨੁੱਖ ਇਸ ਸੰਸਾਰ-ਸਮੁੰਦਰ ਤੋਂ ਸਹੀ ਸਲਾਮਤਿ ਪਾਰ ਲੰਘਣਾ ਚਾਹੁੰਦੇ ਹਨ ਉਹ) ਸਦਾ ਹੀ ਬੜੇ ਪ੍ਰੇਮ ਪਿਆਰ ਨਾਲ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਉਹਨਾਂ ਦੀ ਜੀਭ ਪਰਮਾਤਮਾ ਦੇ ਨਾਮ-ਰਸ ਨੂੰ ਚੱਖਦੀ ਰਹਿੰਦੀ ਹੈ।
22709	507	ਨਾਨਕ ਹਰਿ ਬਿਨੁ ਅਵਰੁ ਨ ਮਾਗਉ ਹਰਿ ਰਸ ਪ੍ਰੀਤਿ ਪਿਆਰੀ॥੮॥੧॥੭॥		Naanak Har Bin Avar N Maago Har Ras Preeth Piaaree ||8||1||7||	O Nanak, other than the Lord, I ask for nothing else; I am in love with the Love of the Lord's sublime essence. ||8||1||7||	ਹੇ ਨਾਨਕ! ਮੈਂ ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੁਝ ਨਹੀਂ ਮੰਗਦਾ (ਮੈਂ ਇਹੀ ਚਾਹੁੰਦਾ ਹਾਂ ਕਿ) ਪਰਮਾਤਮਾ ਦੇ ਨਾਮ ਰਸ ਦੀ ਪ੍ਰੀਤ ਪਿਆਰੀ ਲੱਗਦੀ ਰਹੇ ॥੮॥੧॥੭॥
22710	507	ਗੂਜਰੀ ਮਹਲਾ ੫ ਘਰੁ ੨		Goojaree Mehalaa 5 Ghar 2	Goojaree, Fifth Mehl, Second House:	ਰਾਗ ਗੂਜਰੀ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

22711	507	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22712	507	ਰਾਜਨ ਮਹਿ ਤੂੰ ਰਾਜਾ ਕਹੀਅਹਿ ਭੂਮਨ ਮਹਿ ਭੂਮਾ॥		Raajan Mehi Thoon Raajaa Keheeahi Bhooman Mehi Bhoomaa ||	Among kings, You are called the King. Among land-lords, You are the Land-lord.	ਹੇ ਕਰਤਾਰ! (ਦੁਨੀਆ ਦੇ) ਰਾਜਿਆਂ ਵਿਚ ਤੂੰ (ਸ਼ਿਰੋਮਣੀ) ਰਾਜਾ ਅਖਵਾਂਦਾ ਹੈਂ, ਭੁਇਂ ਦੇ ਮਾਲਕਾਂ ਵਿਚ ਤੂੰ (ਸਭ ਤੋਂ ਵੱਡਾ) ਭੁਇਂ ਦਾ ਮਾਲਕ ਹੈਂ।
22713	507	ਠਾਕੁਰ ਮਹਿ ਠਕੁਰਾਈ ਤੇਰੀ ਕੋਮਨ ਸਿਰਿ ਕੋਮਾ॥੧॥	(ਕੋਮਨ) ।ਕੋਮਨ ਕਸਕੇ	Thaakur Mehi Thakuraaee Thaeree Koman Sir Komaa ||1||	Among masters, You are the Master. Among tribes, Yours is the Supreme Tribe. ||1||	ਹੇ ਕਰਤਾਰ! (ਦੁਨੀਆ ਦੇ) ਸਰਦਾਰਾਂ ਵਿਚ ਤੇਰੀ ਸਰਦਾਰੀ (ਸਭ ਤੋਂ ਵੱਡੀ) ਹੈ, ਉੱਚੀ ਕੁਲ ਵਾਲਿਆਂ ਵਿਚ ਤੂੰ ਸ਼ਿਰੋਮਣੀ ਕੁਲ ਵਾਲਾ ਹੈਂ ॥੧॥
22714	507	ਪਿਤਾ ਮੇਰੋ ਬਡੋ ਧਨੀ ਅਗਮਾ॥		Pithaa Maero Baddo Dhhanee Agamaa ||	My Father is wealthy, deep and profound.	ਹੇ ਕਰਤਾਰ! ਤੂੰ ਮੇਰਾ ਪਿਤਾ ਹੈਂ, ਤੂੰ ਸਾਡੀ ਸਿਆਣਪ ਦੀ ਪਹੁੰਚ ਤੋਂ ਪਰੇ ਹੈਂ।
22715	507	ਉਸਤਤਿ ਕਵਨ ਕਰੀਜੈ ਕਰਤੇ ਪੇਖਿ ਰਹੇ ਬਿਸਮਾ॥੧॥ਰਹਾਉ॥	(ਬਿਸਮਾ) ਵਿਸਮਾਦ	Ousathath Kavan Kareejai Karathae Paekh Rehae Bisamaa ||1|| Rehaao ||	What praises should I chant, O Creator Lord? Beholding You, I am wonder-struck. ||1||Pause||	ਹੇ ਕਰਤਾਰ! ਤੇਰੀ ਕੇਹੜੀ ਕੇਹੜੀ ਵਡਿਆਈ ਅਸੀਂ ਕਰੀਏ? (ਤੇਰੀ ਲੀਲਾ) ਵੇਖ ਵੇਖ ਕੇ ਅਸੀਂ ਹੈਰਾਨ ਹੋ ਰਹੇ ਹਾਂ ॥੧॥ ਰਹਾਉ ॥

22716	507	ਸੁਖੀਅਨ ਮਹਿ ਸੁਖੀਆ ਤੂੰ ਕਹੀਅਹਿ ਦਾਤਨ ਸਿਰਿ ਦਾਤਾ॥		Sukheean Mehi Sukheeaa Thoon Keheeahi Dhaathan Sir Dhaathaa ||	Among the peaceful, You are called the Peaceful One. Among givers, You are the Greatest Giver.	(ਹੇ ਕਰਤਾਰ! ਦੁਨੀਆ ਦੇ) ਸੁਖੀ ਲੋਕਾਂ ਵਿਚ ਤੂੰ (ਸ਼ਿਰੋਮਣੀ) ਸੁਖੀ ਕਿਹਾ ਜਾ ਸਕਦਾ ਹੈਂ ਤੇ ਦਾਤਿਆਂ ਵਿਚ ਸਭ ਤੋਂ ਵਢਾ ਦਾਤਾ।
22717	507	ਤੇਜਨ ਮਹਿ ਤੇਜਵੰਸੀ ਕਹੀਅਹਿ ਰਸੀਅਨ ਮਹਿ ਰਾਤਾ॥੨॥		Thaejan Mehi Thaejavansee Keheeahi Raseean Mehi Raathaa ||2||	Among the glorious, You are said to be the Most Glorious. Among revellers, You are the Reveller. ||2||	ਦਾਨੀਆਂ ਵਿਚ ਤੂੰ ਹੀ (ਸ਼ਿਰੋਮਣੀ) ਤੇਜਸ੍ਵੀ ਕਿਹਾ ਜਾ ਸਕਦਾ ਹੈਂ ਤੇ (ਦੁਨੀਆ ਦੇ) ਰਸ ਮਾਣਨ ਵਾਲਿਆਂ ਵਿਚ ਤੂੰ ਸ਼ਿਰੋਮਣੀ ਰਸੀਆ ਹੈਂ ॥੨॥
22718	507	ਸੂਰਨ ਮਹਿ ਸੂਰਾ ਤੂੰ ਕਹੀਅਹਿ ਭੋਗਨ ਮਹਿ ਭੋਗੀ॥		Sooran Mehi Sooraa Thoon Keheeahi Bhogan Mehi Bhogee ||	Among warriors, You are called the Warrior. Among indulgers, You are the Indulger.	(ਹੇ ਕਰਤਾਰ!) ਸੂਰਮਿਆਂ ਵਿਚ ਤੂੰ ਸ਼ਿਰੋਮਣੀ ਸੂਰਮਾ ਅਖਵਾਣ ਦਾ ਹੱਕਦਾਰ ਹੈਂ, ਭੋਗੀਆਂ ਵਿਚ ਤੂੰ ਹੀ ਭੋਗੀ ਹੈਂ।
22719	507	ਗ੍ਰਸਤਨ ਮਹਿ ਤੂੰ ਬਡੋ ਗ੍ਰਿਹਸਤੀ ਜੋਗਨ ਮਹਿ ਜੋਗੀ॥੩॥	ਗ-੍ਰਸਤਨ ਗਿ੍-ਹਸਤੀ	Grasathan Mehi Thoon Baddo Grihasathee Jogan Mehi Jogee ||3||	Among householders, You are the Great Householder. Among yogis, You are the Yogi. ||3||	ਗ੍ਰਿਹਸਤੀਆਂ ਵਿਚ ਤੂੰ ਸਭ ਤੋਂ ਵੱਡਾ ਗ੍ਰਿਹਸਤੀ ਹੈਂ (ਜਿਸ ਦਾ ਇਤਨਾ ਵੱਡਾ ਸੰਸਾਰ-ਟੱਬਰ ਹੈ), ਜੋਗੀਆਂ ਵਿਚ ਤੂੰ ਸ਼ਿਰੋਮਣੀ ਜੋਗੀ ਹੈਂ ॥੩॥

22720	507	ਕਰਤਨ ਮਹਿ ਤੂੰ ਕਰਤਾ ਕਹੀਅਹਿ ਆਚਾਰਨ ਮਹਿ ਆਚਾਰੀ॥		Karathan Mehi Thoon Karathaa Keheeahi Aachaaran Mehi Aachaaree ||	Among creators, You are called the Creator. Among the cultured, You are the Cultured One.	(ਹੇ ਕਰਤਾਰ!) ਨਵੇਂ ਕੰਮ ਕਰਨ ਵਾਲੇ ਸਿਆਣਿਆਂ ਵਿਚ ਤੂੰ ਸ਼ਿਰੋਮਣੀ ਰਚਨਹਾਰ ਹੈ; ਧਾਰਮਿਕ ਰਸਮਾਂ ਕਰਨ ਵਾਲਿਆਂ ਵਿਚ ਭੀ ਤੂੰ ਹੀ ਸ਼ਿਰੋਮਣੀ ਹੈਂ।
22721	507	ਸਾਹਨ ਮਹਿ ਤੂੰ ਸਾਚਾ ਸਾਹਾ ਵਾਪਾਰਨ ਮਹਿ ਵਾਪਾਰੀ॥੪॥		Saahan Mehi Thoon Saachaa Saahaa Vaapaaran Mehi Vaapaaree ||4||	Among bankers, You are the True Banker. Among merchants, You are the Merchant. ||4||	(ਦੁਨੀਆ ਦੇ) ਸਾਹੂਕਾਰਾਂ ਵਿਚ ਤੂੰ ਸਦਾ ਕਾਇਮ ਰਹਿਣ ਵਾਲਾ (ਸ਼ਿਰੋਮਣੀ) ਸਾਹੂਕਾਰ ਹੈਂ, ਤੇ ਵਾਪਾਰੀਆਂ ਵਿਚ ਤੂੰ ਵੱਡਾ ਵਾਪਾਰੀ ਹੈਂ ॥੪॥
22722	507	ਦਰਬਾਰਨ ਮਹਿ ਤੇਰੋ ਦਰਬਾਰਾ ਸਰਨ ਪਾਲਨ ਟੀਕਾ॥	ਸ਼ਰਣਾਗਤਾਂ ਦੀ ਪਾਲਣਾਂ ਲਈ, ਸਭ ਤੋਂ (ਟੀਕਾ) ਮੁਖੀਏ	Dharabaaran Mehi Thaero Dharabaaraa Saran Paalan Tteekaa ||	Among courts, Yours is the Court. Yours is the Most Sublime of Sanctuaries.	(ਹੇ ਕਰਤਾਰ! ਦੁਨੀਆ ਦੇ) ਦਰਬਾਰ ਲਾਣ ਵਾਲਿਆਂ ਵਿਚ ਤੇਰਾ ਦਰਬਾਰ ਸ਼ਿਰੋਮਣੀ ਹੈ, ਸਰਨ ਪਿਆਂ ਦੀ ਲਾਜ ਰੱਖਣ ਵਾਲਿਆਂ ਦਾ ਤੂੰ ਸ਼ਿਰੋਮਣੀ ਟਿੱਕਾ ਹੈਂ।
22723	507	ਲਖਿਮੀ ਕੇਤਕ ਗਨੀ ਨ ਜਾਈਐ ਗਨਿ ਨ ਸਕਉ ਸੀਕਾ॥੫॥	(ਲਖਿਮੀ) ਮਾਇਆ, (ਸੀਕਾ) ਸਿੱਕੇ।ਲੱਖਿਮੀ। ਸੀੱਕਾ ਕਸਕੇ	Lakhimee Kaethak Ganee N Jaaeeai Gan N Sako Seekaa ||5||	The extent of Your wealth cannot be determined. Your Coins cannot be counted. ||5||	ਤੇਰੇ ਘਰ ਵਿਚ ਕਿਤਨੀ ਕੁ ਮਾਇਆ ਹੈ; ਇਸ ਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ। ਮੈਂ ਤੇਰੇ ਖ਼ਜ਼ਾਨੇ ਗਿਣ ਨਹੀਂ ਸਕਦਾ ॥੫॥

22724	507	ਨਾਮਨ ਮਹਿ ਤੇਰੋ ਪ੍ਰਭ ਨਾਮਾ ਗਿਆਨਨ ਮਹਿ ਗਿਆਨੀ॥		Naaman Mehi Thaero Prabh Naamaa Giaanan Mehi Giaanee ||	Among names, Your Name, God, is the most respected. Among the wise, You are the Wisest.	(ਹੇ ਪ੍ਰਭੂ! ਦੁਨੀਆ ਦੇ) ਵਡਿਆਈ-ਨਾਮਣੇ ਵਾਲਿਆਂ ਵਿਚੋਂ ਤੇਰਾ ਨਾਮਣਾ ਸ਼ਿਰੋਮਣੀ ਹੈ, ਤੇ ਗਿਆਨਵਾਨਾਂ ਵਿਚ ਤੂੰ ਹੀ ਸ਼ਿਰੋਮਣੀ ਗਿਆਨੀ ਹੈਂ।
22725	507	ਜੁਗਤਨ ਮਹਿ ਤੇਰੀ ਪ੍ਰਭ ਜੁਗਤਾ ਇਸਨਾਨਨ ਮਹਿ ਇਸਨਾਨੀ॥੬॥		Jugathan Mehi Thaeree Prabh Jugathaa Eisanaanan Mehi Eisanaanee ||6||	Among ways, Yours, God, is the Best Way. Among purifying baths, Yours is the Most Purifying. ||6||	ਚੰਗੀ ਜੀਵਨ-ਜੁਗਤਿ ਵਾਲਿਆਂ ਵਿਚ ਤੇਰੀ ਜੁਗਤਿ ਸ੍ਰੇਸ਼ਟ ਹੈ, (ਦੁਨੀਆ ਦੇ ਤੀਰਥ-) ਇਸ਼ਨਾਨੀਆਂ ਵਿਚ ਤੂੰ ਸ਼ਿਰੋਮਣੀ ਇਸ਼ਨਾਨੀ ਹੈਂ ॥੬॥
22726	507	ਸਿਧਨ ਮਹਿ ਤੇਰੀ ਪ੍ਰਭ ਸਿਧਾ ਕਰਮਨ ਸਿਰਿ ਕਰਮਾ॥	(ਸਿੱਧਨ) ਸਿੱਧਾ	Sidhhan Mehi Thaeree Prabh Sidhhaa Karaman Sir Karamaa ||	Among spiritual powers, Yours, O God, are the Spiritual Powers. Among actions, Yours are the Greatest Actions.	(ਹੇ ਪ੍ਰਭੂ!) ਕਰਾਮਾਤੀ ਤਾਕਤਾਂ ਰੱਖਣ ਵਾਲਿਆਂ ਵਿਚ ਤੇਰੀ ਕਰਾਮਾਤੀ ਤਾਕਤ ਸ਼ਿਰੋਮਣੀ ਹੈ, ਕੰਮ ਕਰਨ ਵਾਲਿਆਂ ਵਿਚ ਤੂੰ ਸ਼ਿਰੋਮਣੀ ਉੱਦਮੀ ਹੈਂ।
22727	507	ਆਗਿਆ ਮਹਿ ਤੇਰੀ ਪ੍ਰਭ ਆਗਿਆ ਹੁਕਮਨ ਸਿਰਿ ਹੁਕਮਾ॥੭॥		Aagiaa Mehi Thaeree Prabh Aagiaa Hukaman Sir Hukamaa ||7||	Among wills, Your Will, God, is the Supreme Will. Of commands, Yours is the Supreme Command. ||7||	ਹੇ ਪ੍ਰਭੂ! (ਦੁਨੀਆ ਦੇ) ਇਖ਼ਤਿਆਰ ਵਾਲਿਆਂ ਵਿਚ ਤੇਰਾ ਇਖ਼ਤਿਆਰ ਸਭ ਤੋਂ ਵੱਡਾ ਹੈ, (ਦੁਨੀਆ ਦੇ) ਹੁਕਮ ਚਲਾਣ ਵਾਲਿਆਂ ਵਿਚ ਤੂੰ ਸ਼ਿਰੋਮਣੀ ਹਾਕਮ ਹੈਂ ॥੭॥

22728	508	ਜਿਉ ਬੋਲਾਵਹਿ ਤਿਉ ਬੋਲਹ ਸੁਆਮੀ ਕੁਦਰਤਿ ਕਵਨ ਹਮਾਰੀ॥		Jio Bolaavehi Thio Boleh Suaamee Kudharath Kavan Hamaaree ||	As You cause me to speak, so do I speak, O Lord Master. What other power do I have?	ਹੇ ਸੁਆਮੀ! ਸਾਡੀ (ਤੇਰੇ ਪੈਦਾ ਕੀਤੇ ਹੋਏ ਜੀਵਾਂ ਦੀ) ਕੀਹ ਪਾਇਆਂ ਹੈ? ਜਿਵੇਂ ਤੂੰ ਸਾਨੂੰ ਬੁਲਾਂਦਾ ਹੈਂ ਉਸੇ ਤਰ੍ਹਾਂ ਅਸੀਂ ਬੋਲਦੇ ਹਾਂ।
22729	508	ਸਾਧਸੰਗਿ ਨਾਨਕ ਜਸੁ ਗਾਇਓ ਜੋ ਪ੍ਰਭ ਕੀ ਅਤਿ ਪਿਆਰੀ॥੮॥੧॥੮॥		Saadhhasang Naanak Jas Gaaeiou Jo Prabh Kee Ath Piaaree ||8||1||8||	In the Saadh Sangat, the Company of the Holy, O Nanak, sing His Praises; they are so very dear to God. ||8||1||8||	ਨਾਨਕ ਨੇ ਸਾਧ ਸੰਗਤ ਵਿਚ ਟਿਕ ਕੇ ਪ੍ਰਭੂ ਦੀ ਸਿਫ਼ਤ-ਸਾਲਾਹ ਕੀਤੀ ਹੈ, ਇਹ ਸਿਫ਼ਤ-ਸਾਲਾਹ ਪ੍ਰਭੂ ਨੂੰ ਬੜੀ ਪਿਆਰੀ ਲੱਗਦੀ ਹੈ ॥੮॥੧॥੮॥
22730	508	ਗੂਜਰੀ ਮਹਲਾ ੫ ਘਰੁ ੪		Goojaree Mehalaa 5 Ghar 4	Goojaree, Fifth Mehl, Fourth House:	ਰਾਗ ਗੂਜਰੀ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
22731	508	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22732	508	ਨਾਥ ਨਰਹਰ ਦੀਨ ਬੰਧਵ ਪਤਿਤ ਪਾਵਨ ਦੇਵ॥		Naathh Narehar Dheen Bandhhav Pathith Paavan Dhaev ||	O Lord, Man-lion Incarnate, Companion to the poor, Divine Purifier of sinners;	ਹੇ ਜਗਤ ਦੇ ਮਾਲਕ! ਹੇ ਨਰਹਰ! ਹੇ ਦੀਨਾਂ ਦੇ ਸਹਾਈ! ਹੇ ਵਿਕਾਰੀਆਂ ਨੂੰ ਪਵਿਤ੍ਰ ਕਰਨ ਵਾਲੇ! ਹੇ ਚਾਨਣ-ਸਰੂਪ!

22733	508	ਭੈ ਤ੍ਰਾਸ ਨਾਸ ਕ੍ਰਿਪਾਲ ਗੁਣ ਨਿਧਿ ਸਫਲ ਸੁਆਮੀ ਸੇਵ॥੧॥		Bhai Thraas Naas Kirapaal Gun Nidhh Safal Suaamee Saev ||1||	O Destroyer of fear and dread, Merciful Lord Master, Treasure of Excellence, fruitful is Your service. ||1||	ਹੇ ਸਾਰੇ ਡਰਾਂ ਸਹਮਾਂ ਦੇ ਨਾਸ ਕਰਨ ਵਾਲੇ! ਹੇ ਕ੍ਰਿਪਾਲ! ਹੇ ਗੁਣਾਂ ਦੇ ਖ਼ਜ਼ਾਨੇ! ਹੇ ਸੁਆਮੀ! ਤੇਰੀ ਸੇਵਾ-ਭਗਤੀ ਜੀਵਨ ਨੂੰ ਕਾਮਯਾਬ ਬਣਾ ਦੇਂਦੀ ਹੈ ॥੧॥
22734	508	ਹਰਿ ਗੋਪਾਲ ਗੁਰ ਗੋਬਿੰਦ॥		Har Gopaal Gur Gobindh ||	O Lord, Cherisher of the World, Guru-Lord of the Universe.	ਹੇ ਹਰੀ! ਹੇ ਗੋਪਾਲ! ਹੇ ਗੁਰ ਗੋਬਿੰਦ! ਹੇ ਦਇਆਲ!
22735	508	ਚਰਣ ਸਰਣ ਦਇਆਲ ਕੇਸਵ ਤਾਰਿ ਜਗ ਭਵ ਸਿੰਧ॥੧॥ਰਹਾਉ॥		Charan Saran Dhaeiaal Kaesav Thaar Jag Bhav Sindhh ||1|| Rehaao ||	I seek the Sanctuary of Your Feet, O Merciful Lord. Carry me across the terrifying world-ocean. ||1||Pause||	ਹੇ (ਕੇਸ਼ਵ) ਪਰਮਾਤਮਾ! ਆਪਣੇ ਚਰਨਾਂ ਦੀ ਸਰਨ ਵਿਚ ਰੱਖ ਕੇ ਮੈਨੂੰ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈ ॥੧॥ ਰਹਾਉ ॥
22736	508	ਕਾਮ ਕ੍ਰੋਧ ਹਰਨ ਮਦ ਮੋਹ ਦਹਨ ਮੁਰਾਰਿ ਮਨ ਮਕਰੰਦ॥	(ਮਦ) ਨਸ਼ਾ, (ਦਹਨ) ਸਾੜਨਾ	Kaam Krodhh Haran Madh Moh Dhehan Muraar Man Makarandh ||	O Dispeller of sexual desire and anger, Eliminator of intoxication and attachment, Destroyer of ego, Honey of the mind;	ਹੇ ਕਾਮ ਕ੍ਰੋਧ ਨੂੰ ਦੂਰ ਕਰਨ ਵਾਲੇ! ਹੇ ਮੋਹ ਦੇ ਨਸ਼ੇ ਨੂੰ ਸਾੜਨ ਵਾਲੇ! ਹੇ ਮਨ ਨੂੰ (ਜੀਵਨ-) ਸੁਗੰਧੀ ਦੇਣ ਵਾਲੇ ਮੁਰਾਰੀ-ਪ੍ਰਭੂ!
22737	508	ਜਨਮ ਮਰਣ ਨਿਵਾਰਿ ਧਰਣੀਧਰ ਪਤਿ ਰਾਖੁ ਪਰਮਾਨੰਦ॥੨॥		Janam Maran Nivaar Dhharaneedhhar Path Raakh Paramaanandh ||2||	Set me free from birth and death, O Sustainer of the earth, and preserve my honor, O Embodiment of supreme bliss. ||2||	ਮੇਰਾ ਜਨਮ ਮਰਨ ਦਾ ਗੇੜ ਮੁਕਾ ਦੇ! ਹੇ ਧਰਤੀ ਦੇ ਆਸਰੇ! (ਜਗਤ ਦੇ ਵਿਕਾਰਾਂ ਵਿਚੋਂ ਮੇਰੀ) ਲਾਜ ਰੱਖ! ਹੇ ਸਭ ਤੋਂ ਸ੍ਰੇਸ਼ਟ-ਆਨੰਦ ਦੇ ਮਾਲਕ! ॥੨॥

22738	508	ਜਲਤ ਅਨਿਕ ਤਰੰਗ ਮਾਇਆ ਗੁਰ ਗਿਆਨ ਹਰਿ ਰਿਦ ਮੰਤ॥	(ਮੰਤ) ਮੰਤ੍ਰ	Jalath Anik Tharang Maaeiaa Gur Giaan Har Ridh Manth ||	The many waves of desire for Maya are burnt away, when the Guru's spiritual wisdom is enshrined in the heart, through the Guru's Mantra.	ਹੇ ਹਰੀ! ਮਾਇਆ-ਅੱਗ ਦੀਆਂ ਬੇਅੰਤ ਲਹਿਰਾਂ ਵਿਚ ਸੜ ਰਹੇ ਜੀਵਾਂ ਦੇ ਹਿਰਦੇ ਵਿਚ ਗੁਰੂ ਦੇ ਗਿਆਨ ਦਾ ਮੰਤ੍ਰ ਟਿਕਾ।
22739	508	ਛੇਦਿ ਅਹੰਬੁਧਿ ਕਰੁਣਾਮੈ ਚਿੰਤ ਮੇਟਿ ਪੁਰਖ ਅਨੰਤ॥੩॥		Shhaedh Ahanbudhh Karunaa Mai Chinth Maett Purakh Ananth ||3||	Destroy my egotism, O Merciful Lord; dispel my anxiety, O Infinite Primal Lord. ||3||	(ਸਾਡੀ) ਹਉਮੈ ਦੂਰ ਕਰ! ਹੇ ਤਰਸ-ਸਰੂਪ ਹਰੀ! ਤੇ ਚਿੰਤਾ ਮਿਟਾ ਦੇ! ਹੇ ਸਰਬ-ਵਿਆਪਕ ਬੇਅੰਤ ਪ੍ਰਭੂ! ॥੩॥
22740	508	ਸਿਮਰਿ ਸਮਰਥ ਪਲ ਮਹੂਰਤ ਪ੍ਰਭ ਧਿਆਨੁ ਸਹਜ ਸਮਾਧਿ॥	ਸਮਰੱਥ	Simar Samarathh Pal Mehoorath Prabh Dhhiaan Sehaj Samaadhh ||	Remember in meditation the Almighty Lord, every moment and every instant; meditate on God in the celestial peace of Samaadhi.	ਹੇ ਸਮਰਥ ਪ੍ਰਭੂ! ਹਰ ਪਲ ਹਰ ਘੜੀ (ਤੇਰਾ ਨਾਮ) ਸਿਮਰ ਕੇ ਮੈਂ ਆਪਣੀ ਸੁਰਤਿ ਆਤਮਕ ਅਡੋਲਤਾ ਦੀ ਸਮਾਧੀ ਵਿਚ ਜੋੜੀ ਰੱਖਾਂ।
22741	508	ਦੀਨ ਦਇਆਲ ਪ੍ਰਸੰਨ ਪੂਰਨ ਜਾਚੀਐ ਰਜ ਸਾਧ॥੪॥	(ਰਜ)ਚਰਨ-ਧੂੜਿ। ਰਜ:ਪੋਲਾ ਬੋਲੋ	Dheen Dhaeiaal Prasann Pooran Jaacheeai Raj Saadhh ||4||	O Merciful to the meek, perfectly blissful Lord, I beg for the dust of the feet of the Holy. ||4||	ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਹੇ ਸਦਾ ਖਿੜੇ ਰਹਿਣ ਵਾਲੇ! ਸਰਬ-ਵਿਆਪਕ! (ਤੇਰੇ ਦਰ ਤੋਂ ਤੇਰੇ) ਸੰਤ ਜਨਾਂ ਦੀ ਚਰਨ-ਧੂੜ (ਹੀ ਸਦਾ) ਮੰਗਣੀ ਚਾਹੀਦੀ ਹੈ ॥੪॥

22742	508	ਮੋਹ ਮਿਥਨ ਦੁਰੰਤ ਆਸਾ ਬਾਸਨਾ ਬਿਕਾਰ॥	(ਮਿਥਨ) ਝੂਠੇ	Moh Mithhan Dhuranth Aasaa Baasanaa Bikaar ||	Emotional attachment is false, desire is filthy, and longing is corrupt.	ਹੇ ਹਰੀ! ਹੇ ਨਿਰੰਕਾਰ! ਮੈਨੂੰ (ਸੰਸਾਰ-ਸਮੁੰਦਰ ਤੋਂ) ਬਚਾ ਲੈ, ਮੇਰੇ ਮਨ ਤੋਂ ਭਟਕਣਾ ਦੂਰ ਕਰ ਦੇ।
22743	508	ਰਖੁ ਧਰਮ ਭਰਮ ਬਿਦਾਰਿ ਮਨ ਤੇ ਉਧਰੁ ਹਰਿ ਨਿਰੰਕਾਰ॥੫॥	(ਬਿਦਾਰਿ) ਦੂਰ ਜਾਂ ਨਾਸ ਕਰਨਾ। ਪਾਪਾਂ ਔਗੁਣਾਂ ਵਿਕਾਰਾਂ ਤੋਂ ਉ-ਧਰੁ ਉਧਾਰਨਾ ਕਰੋ ਜੀ	Rakh Dhharam Bharam Bidhaar Man Thae Oudhhar Har Nirankaar ||5||	Please, preserve my faith, dispel these doubts from my mind, and save me, O Formless Lord. ||5||	ਹੇ ਹਰੀ! ਝੂਠੇ ਮੋਹ ਤੋਂ, ਭੈੜੇ ਅੰਤ ਵਾਲੀ ਆਸਾ ਤੋਂ, ਵਿਕਾਰਾਂ ਦੀਆਂ ਵਾਸ਼ਨਾ ਤੋਂ, ਮੇਰੀ ਲਾਜ ਰੱਖ ॥੫॥
22744	508	ਧਨਾਢਿ ਆਢਿ ਭੰਡਾਰ ਹਰਿ ਨਿਧਿ ਹੋਤ ਜਿਨਾ ਨ ਚੀਰ॥	(ਆਢਿ) ਮਾਲਦਾਰ। (ਚੀਰ) ਕਪੜਾ	Dhhanaadt Aadt Bhanddaar Har Nidhh Hoth Jinaa N Cheer ||	They have become wealthy, loaded with the treasures of the Lord's riches; they were lacking even clothes.	ਹੇ ਹਰੀ! ਜਿਨ੍ਹਾਂ ਪਾਸ (ਤਨ ਢੱਕਣ ਲਈ) ਕੱਪੜੇ ਦੀ ਲੀਰ ਭੀ ਨਹੀਂ ਹੁੰਦੀ, ਉਹ ਤੇਰੇ ਗੁਣਾਂ ਦੇ ਖ਼ਜ਼ਾਨੇ ਪ੍ਰਾਪਤ ਕਰ ਕੇ (ਮਾਨੋ) ਧਨੀਆਂ ਦੇ ਧਨੀ ਬਣ ਜਾਂਦੇ ਹਨ।
22745	508	ਖਲ ਮੁਗਧ ਮੂੜ ਕਟਾਖ੍ਯ ਸ੍ਰੀ ਧਰ ਭਏ ਗੁਣ ਮਤਿ ਧੀਰ॥੬॥	(ਖਲ) ਮੂਰਖ। (ਕਟਾਖ੍ਯ) ਕ੍ਰਿਪਾ। ਕਟਾਖ੍ਯ: ਕਟਾਖਿਅ	Khal Mugadhh Moorr Kattaakhy Sreedhhar Bheae Gun Math Dhheer ||6||	The idiotic, foolish and senseless people have become virtuous and patient, receiving the Gracious Glance of the Lord of wealth. ||6||	ਹੇ ਲੱਛਮੀ-ਪਤੀ! ਮਹਾਂ ਮੂਰਖ ਤੇ ਦੁਸ਼ਟ ਤੇਰੀ ਮੇਹਰ ਦੀ ਨਿਗਾਹ ਨਾਲ ਗੁਣਾਂ ਵਾਲੇ, ਉੱਚੀ ਮਤਿ ਵਾਲੇ, ਧੀਰਜ ਵਾਲੇ ਬਣ ਜਾਂਦੇ ਹਨ ॥੬॥

22746	508	ਜੀਵਨ ਮੁਕਤ ਜਗਦੀਸ ਜਪਿ ਮਨ ਧਾਰਿ ਰਿਦ ਪਰਤੀਤਿ॥	ਜੱਗਦੀਸ	Jeevan Mukath Jagadhees Jap Man Dhhaar Ridh Paratheeth ||	Become Jivan-Mukta, liberated while yet alive, by meditating on the Lord of the Universe, O mind, and maintaining faith in Him in your heart.	ਹੇ ਮਨ! ਜੀਵਨ-ਮੁਕਤ ਕਰਨ ਵਾਲੇ ਜਗਦੀਸ਼ ਦਾ ਨਾਮ ਜਪ। ਹਿਰਦੇ ਵਿਚ ਉਸ ਵਾਸਤੇ ਸਰਧਾ ਟਿਕਾ!
22747	508	ਜੀਅ ਦਇਆ ਮਇਆ ਸਰਬਤ੍ਰ ਰਮਣੰ ਪਰਮਹੰਸਹ ਰੀਤਿ॥੭॥	(ਪਰਮਹੰਸਹ) ਮਹਾਂਪੁਰਸ਼	Jeea Dhaeiaa Maeiaa Sarabathr Ramanan Param Hanseh Reeth ||7||	Show kindness and mercy to all beings, and realize that the Lord is pervading everywhere; this is the way of life of the enlightened soul, the supreme swan. ||7||	ਸਭ ਜੀਵਾਂ ਨਾਲ ਦਇਆ ਪਿਆਰ ਵਾਲਾ ਸਲੂਕ ਰੱਖ, ਪਰਮਾਤਮਾ ਨੂੰ ਸਰਬ-ਵਿਆਪਕ ਜਾਣ-ਉੱਚੇ ਜੀਵਨ ਵਾਲੇ ਹੰਸ (-ਮਨੁੱਖਾਂ) ਦੀ ਇਹ ਜੀਵਨ-ਜੁਗਤਿ ਹੈ ॥੭॥
22748	508	ਦੇਤ ਦਰਸਨੁ ਸ੍ਰਵਨ ਹਰਿ ਜਸੁ ਰਸਨ ਨਾਮ ਉਚਾਰ॥		Dhaeth Dharasan Sravan Har Jas Rasan Naam Ouchaar ||	He grants the Blessed Vision of His Darshan to those who listen to His Praises, and who, with their tongues, chant His Name.	ਪਰਮਾਤਮਾ ਆਪ ਹੀ ਆਪਣਾ ਦਰਸਨ ਬਖ਼ਸ਼ਦਾ ਹੈ, ਕੰਨਾਂ ਵਿਚ ਆਪਣੀ ਸਿਫ਼ਤ-ਸਾਲਾਹ ਦੇਂਦਾ ਹੈ, ਜੀਭ ਨੂੰ ਆਪਣੇ ਨਾਮ ਦਾ ਉਚਾਰਨ ਦੇਂਦਾ ਹੈ,

22749	508	ਅੰਗ ਸੰਗ ਭਗਵਾਨ ਪਰਸਨ ਪ੍ਰਭ ਨਾਨਕ ਪਤਿਤ ਉਧਾਰ॥੮॥੧॥੨॥ ੫॥੧॥੧॥੨॥੫੭॥	ਪਤਿ-ਤ	Ang Sang Bhagavaan Parasan Prabh Naanak Pathith Oudhhaar ||8||1||2||5||1||1||2||57||	They are part and parcel, life and limb with the Lord God; O Nanak, they feel the Touch of God, the Savior of sinners. ||8||1||2||5||1||1||2||57||	ਪ੍ਰਭੂ ਸਦਾ ਅੰਗ-ਸੰਗ ਵੱਸਦਾ ਹੈ। ਹੇ ਨਾਨਕ! (ਆਖ:) ਹੇ ਹਰੀ! ਤੇਰੀ ਛੁਹ ਵਿਕਾਰੀਆਂ ਦਾ ਭੀ ਪਾਰ-ਉਤਾਰਾ ਕਰਨ ਵਾਲੀ ਹੈ ॥੮॥੧॥੨॥੫॥੧॥੧॥੨॥੫੭॥
22750	508	ਗੂਜਰੀ ਕੀ ਵਾਰ ਮਹਲਾ ੩		Goojaree Kee Vaar Mehalaa 3	Goojaree Ki Vaar, Third Mehl,	ਰਾਗ ਗੂਜਰੀ ਵਿੱਚ, ਗੁਰੂ ਅਮਰਦਾਸ ਜੀ ਦੀ ਬਾਣੀ 'ਵਾਰ'
22751	508	ਸਿਕੰਦਰ ਬਿਰਾਹਿਮ ਕੀ ਵਾਰ ਕੀ ਧੁਨੀ ਗਾਉਣੀ	ਜੱਗਤੁ। ਬਿਧਿ:ਪੋਲਾ ਬੋਲੋ	Sikandhar Biraahim Kee Vaar Kee Dhhunee Gaaounee	Sung In The Tune Of The Vaar Of Sikandar & Biraahim:	ਇਸ ਨੂੰ ਸਿਕੰਦਰ ਬਿਰਾਹਿਮ ਦੀ 'ਵਾਰ' ਦੀ ਧੁਨ ਨਾਲ ਗਾਉਣਾ ਹੈ।
22752	508	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22753	508	ਸਲੋਕੁ ਮਃ ੩॥		Salok Ma 3 ||	Shalok, Third Mehl:	ਸਲੋਕ ਗੁਰੂ ਅਮਰਦਾਸ ਜੀ ਦਾ।

22754	508	ਇਹੁ ਜਗਤੁ ਮਮਤਾ ਮੁਆ ਜੀਵਣ ਕੀ ਬਿਧਿ ਨਾਹਿ॥		Eihu Jagath Mamathaa Muaa Jeevan Kee Bidhh Naahi ||	This world perishing in attachment and possessiveness; no one knows the way of life.	ਇਹ ਜਗਤ ਅਣਪੱਤ (ਇਹ ਚੀਜ਼ 'ਮੇਰੀ' ਬਣ ਜਾਏ, ਇਹ ਚੀਜ਼ 'ਮੇਰੀ' ਹੋ ਜਾਏ) ਵਿਚ ਇਤਨਾ ਫਸਿਆ ਪਿਆ ਹੈ ਕਿ ਇਸ ਨੂੰ ਜੀਉਣ ਦੀ ਜਾਚ ਨਹੀਂ ਰਹੀ।
22755	508	ਗੁਰ ਕੈ ਭਾਣੈ ਜੋ ਚਲੈ ਤਾਂ ਜੀਵਣ ਪਦਵੀ ਪਾਹਿ॥		Gur Kai Bhaanai Jo Chalai Thaan Jeevan Padhavee Paahi ||	One who walks in harmony with the Guru's Will, obtains the supreme status of life.	ਜਿਹੜੇ ਮਨੁੱਖ ਸਤਿਗੁਰੂ ਦੇ ਕਹੇ ਤੇ ਤੁਰਦੇ ਹਨ ਉਹ ਜੀਵਨ-ਜੁਗਤਿ ਸਿੱਖ ਲੈਂਦੇ ਹਨ।
22756	508	ਓਇ ਸਦਾ ਸਦਾ ਜਨ ਜੀਵਤੇ ਜੋ ਹਰਿ ਚਰਣੀ ਚਿਤੁ ਲਾਹਿ॥		Oue Sadhaa Sadhaa Jan Jeevathae Jo Har Charanee Chith Laahi ||	Those humble beings who focus their consciousness on the Lord's Feet, live forever and ever.	ਜੋ ਮਨੁੱਖ ਪ੍ਰਭੂ ਦੇ ਚਰਨਾਂ ਵਿਚ ਚਿੱਤ ਜੋੜਦੇ ਹਨ, ਉਹ ਸਮਝੋ, ਸਦਾ ਹੀ ਜੀਉਂਦੇ ਹਨ।
22757	508	ਨਾਨਕ ਨਦਰੀ ਮਨਿ ਵਸੈ ਗੁਰਮੁਖਿ ਸਹਜਿ ਸਮਾਹਿ॥੧॥		Naanak Nadharee Man Vasai Guramukh Sehaj Samaahi ||1||	O Nanak, by His Grace, the Lord abides in the minds of the Gurmukhs, who merge in celestial bliss. ||1||	ਹੇ ਨਾਨਕ! ਗੁਰੂ ਦੇ ਸਨਮੁਖ ਹੋਇਆਂ ਮਿਹਰ ਦਾ ਮਾਲਕ ਪ੍ਰਭੂ ਮਨ ਵਿਚ ਆ ਵੱਸਦਾ ਹੈ ਤੇ ਗੁਰਮੁਖ ਉਸ ਅਵਸਥਾ ਵਿਚ ਜਾ ਅੱਪੜਦੇ ਹਨ ਜਿਥੇ ਪਦਾਰਥਾਂ ਵਲ ਮਨ ਡੋਲਦਾ ਨਹੀਂ ॥੧॥
22758	508	ਮਃ ੩॥		Ma 3 ||	Third Mehl:	

22759	508	ਅੰਦਰਿ ਸਹਸਾ ਦੁਖੁ ਹੈ ਆਪੈ ਸਿਰਿ ਧੰਧੈ ਮਾਰ॥		Andhar Sehasaa Dhukh Hai Aapai Sir Dhhandhhai Maar ||	Within the self is the pain of doubt; engrossed in worldly affairs, they are killing themselves.	ਉਹਨਾਂ ਦੇ ਮਨ ਵਿਚ ਤੌਖਲਾ ਤੇ ਕਲੇਸ਼ ਟਿਕਿਆ ਰਹਿੰਦਾ ਹੈ, ਤੇ ਦੁਨੀਆ ਦੇ ਝੰਬੇਲਿਆਂ ਦਾ ਇਹ ਖਪਾਣਾ ਆਪਣੇ ਸਿਰ ਉਤੇ ਆਪ ਸਹੇੜਿਆ ਹੋਇਆ ਹੈ,
22760	508	ਦੂਜੈ ਭਾਇ ਸੁਤੇ ਕਬਹਿ ਨ ਜਾਗਹਿ ਮਾਇਆ ਮੋਹ ਪਿਆਰ॥	ਸੁੱਤੇ	Dhoojai Bhaae Suthae Kabehi N Jaagehi Maaeiaa Moh Piaar ||	Asleep in the love of duality, they never wake up; they are in love with, and attached to Maya.	ਜਿਨ੍ਹਾਂ ਦਾ ਮਾਇਆ ਨਾਲ ਮੋਹ ਪਿਆਰ ਹੈ ਜੋ ਮਾਇਆ ਦੇ ਪਿਆਰ ਵਿਚ ਮਸਤ ਹੋ ਰਹੇ ਹਨ (ਇਸ ਗ਼ਫ਼ਲਿਤ ਵਿਚੋਂ) ਕਦੇ ਜਾਗਦੇ ਨਹੀਂ।
22761	508	ਨਾਮੁ ਨ ਚੇਤਹਿ ਸਬਦੁ ਨ ਵੀਚਾਰਹਿ ਇਹੁ ਮਨਮੁਖ ਕਾ ਆਚਾਰੁ॥		Naam N Chaethehi Sabadh N Veechaarehi Eihu Manamukh Kaa Aachaar ||	They do not think of the Naam, the Name of the Lord, and they do not contemplate the Word of the Shabad. This is the conduct of the self-willed manmukhs.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦਿਆਂ ਦੀ ਰਹਿਣੀ ਇਹ ਹੈ ਕਿ ਉਹ ਕਦੇ ਗੁਰ-ਸ਼ਬਦ ਨਹੀਂ ਵੀਚਾਰਦੇ ਤੇ ਨਾਮ ਨਹੀ ਜਪਦੇ,
22762	509	ਹਰਿ ਨਾਮੁ ਨ ਪਾਇਆ ਜਨਮੁ ਬਿਰਥਾ ਗਵਾਇਆ ਨਾਨਕ ਜਮੁ ਮਾਰਿ ਕਰੇ ਖੁਆਰ॥੨॥		Har Naam N Paaeiaa Janam Birathhaa Gavaaeiaa Naanak Jam Maar Karae Khuaar ||2||	They do not obtain the Lord's Name, and they waste away their lives in vain; O Nanak, the Messenger of Death punishes and dishonors them. ||2||	ਹੇ ਨਾਨਕ! ਉਹਨਾਂ ਨੂੰ ਪਰਮਾਤਮਾ ਦਾ ਨਾਮ ਨਸੀਬ ਨਹੀਂ ਹੋਇਆ, ਉਹ ਜਨਮ ਅਜਾਈਂ ਗਵਾਂਦੇ ਹਨ ਤੇ ਜਮ ਉਹਨਾਂ ਨੂੰ ਮਾਰ ਕੇ ਖ਼ੁਆਰ ਕਰਦਾ ਹੈ (ਭਾਵ, ਮੌਤ ਹੱਥੋਂ ਸਦਾ ਸਹਮੇ ਰਹਿੰਦੇ ਹਨ) ॥੨॥

22763	509	ਪਉੜੀ॥		Pourree ||	Pauree:	
22764	509	ਆਪਣਾ ਆਪੁ ਉਪਾਇਓਨੁ ਤਦਹੁ ਹੋਰੁ ਨ ਕੋਈ॥	(ਉਪਾਇਓਨੁ) ਉਪਾਇਆ	Aapanaa Aap Oupaaeioun Thadhahu Hor N Koee ||	He created Himself - at that time, there was no other.	ਜਦੋਂ ਪ੍ਰਭੂ ਨੇ ਆਪਣਾ ਆਪ (ਹੀ) ਪੈਦਾ ਕੀਤਾ ਹੋਇਆ ਸੀ ਤਦੋਂ ਕੋਈ ਹੋਰ ਦੂਜਾ ਨਹੀਂ ਸੀ,
22765	509	ਮਤਾ ਮਸੂਰਤਿ ਆਪਿ ਕਰੇ ਜੋ ਕਰੇ ਸੁ ਹੋਈ॥	(ਮਤਾ) ਇਕੱਲੇ ਦੀ ਸਲਾਹ।ਮਤਾ:ਪੋਲਾ ਬੋਲੋ। (ਮਸੂਰਤਿ) ਬਹੁਤਿਆਂ ਦੀ ਸਲਾਹ	Mathaa Masoorath Aap Karae Jo Karae S Hoee ||	He consulted Himself for advice, and what He did came to pass.	ਸਲਾਹ ਮਸ਼ਵਰਾ ਭੀ ਉਹ ਆਪ ਹੀ ਕਰਦਾ ਸੀ ਤੇ ਜੋ ਕਰਦਾ ਸੀ ਸੋ ਹੁੰਦਾ ਸੀ।
22766	509	ਤਦਹੁ ਆਕਾਸੁ ਨ ਪਾਤਾਲੁ ਹੈ ਨਾ ਤ੍ਰੈ ਲੋਈ॥	(ਤਦਹੁ) ਤਦੋਂ	Thadhahu Aakaas N Paathaal Hai Naa Thrai Loee ||	At that time, there were no Akaashic Ethers, no nether regions, nor the three worlds.	ਉਸ ਵੇਲੇ ਨਾ ਆਕਾਸ਼, ਨਾ ਪਾਤਾਲ ਤੇ ਨਾ ਇਹ ਤ੍ਰੈਵੇ ਲੋਕ ਸਨ,
22767	509	ਤਦਹੁ ਆਪੇ ਆਪਿ ਨਿਰੰਕਾਰੁ ਹੈ ਨਾ ਓਪਤਿ ਹੋਈ॥		Thadhahu Aapae Aap Nirankaar Hai Naa Oupath Hoee ||	At that time, only the Formless Lord Himself existed - there was no creation.	ਕੋਈ ਉਤਪੱਤੀ ਅਜੇ ਨਹੀਂ ਸੀ ਹੋਈ, ਆਕਾਰ-ਰਹਿਤ ਪਰਮਾਤਮਾ ਅਜੇ ਆਪ ਹੀ ਆਪ ਸੀ।
22768	509	ਜਿਉ ਤਿਸੁ ਭਾਵੈ ਤਿਵੈ ਕਰੇ ਤਿਸੁ ਬਿਨੁ ਅਵਰੁ ਨ ਕੋਈ॥੧॥		Jio This Bhaavai Thivai Karae This Bin Avar N Koee ||1||	As it pleased Him, so did He act; without Him, there was no other. ||1||	ਜੋ ਪ੍ਰਭੂ ਨੂੰ ਭਾਉਂਦਾ ਹੈ ਉਹੀ ਕਰਦਾ ਹੈ ਉਸ ਤੋਂ ਬਿਨਾ ਹੋਰ ਕੋਈ ਨਹੀਂ ਹੈ ॥੧॥

22769	509	ਸਲੋਕੁ ਮਃ ੩॥		Salok Ma 3 ||	Shalok, Third Mehl:	
22770	509	ਸਾਹਿਬੁ ਮੇਰਾ ਸਦਾ ਹੈ ਦਿਸੈ ਸਬਦੁ ਕਮਾਇ॥		Saahib Maeraa Sadhaa Hai Dhisai Sabadh Kamaae ||	My Master is eternal. He is seen by practicing the Word of the Shabad.	ਮੇਰਾ ਪ੍ਰਭੂ ਸਦਾ ਮੌਜੂਦ ਹੈ, ਪਰ 'ਸ਼ਬਦ' ਕਮਾਇਆਂ (ਅੱਖੀਂ) ਦਿੱਸਦਾ ਹੈ,
22771	509	ਓਹੁ ਅਉ ਹਾਣੀ ਕਦੇ ਨਾਹਿ ਨਾ ਆਵੈ ਨਾ ਜਾਇ॥	(ਅਉ)ਪੁਨਾ ਵਿਸ਼ੇਸ਼ ਕਰਕੇ। ਓਹੁ ਉਨ੍ਹਾਂ ਦਾ ਹਾਣੀ। ਹੱਾਨੀ ਨਹੀਂ ਹੁੰਦੀ (੨. ਅਉਹਾਣੀ)	Ouhu Aouhaanee Kadhae Naahi Naa Aavai Naa Jaae ||	He never perishes; He does not come or go in reincarnation.	ਉਹ ਕਦੇ ਨਾਸ ਹੋਣ ਵਾਲਾ ਨਹੀਂ, ਨਾਹ ਜੰਮਦਾ ਹੈ, ਨਾਹ ਮਰਦਾ ਹੈ।
22772	509	ਸਦਾ ਸਦਾ ਸੋ ਸੇਵੀਐ ਜੋ ਸਭ ਮਹਿ ਰਹੈ ਸਮਾਇ॥		Sadhaa Sadhaa So Saeveeai Jo Sabh Mehi Rehai Samaae ||	So serve Him, forever and ever; He is contained in all.	ਉਹ ਪ੍ਰਭੂ ਸਭ (ਜੀਵਾਂ) ਵਿਚ ਮੌਜੂਦ ਹੈ ਉਸ ਨੂੰ ਸਦਾ ਸਿਮਰਨਾ ਚਾਹੀਦਾ ਹੈ।
22773	509	ਅਵਰੁ ਦੂਜਾ ਕਿਉ ਸੇਵੀਐ ਜੰਮੈ ਤੈ ਮਰਿ ਜਾਇ॥		Avar Dhoojaa Kio Saeveeai Janmai Thai Mar Jaae ||	Why serve another who is born, and then dies?	(ਭਲਾ) ਉਸ ਦੂਜੇ ਦੀ ਭਗਤੀ ਕਿਉਂ ਕਰੀਏ ਜੋ ਜੰਮਦਾ ਹੈ ਤੇ ਮਰ ਜਾਂਦਾ ਹੈ,
22774	509	ਨਿਹਫਲੁ ਤਿਨ ਕਾ ਜੀਵਿਆ ਜਿ ਖਸਮੁ ਨ ਜਾਣਹਿ ਆਪਣਾ ਅਵਰੀ ਕਉ ਚਿਤੁ ਲਾਇ॥	(ਅਵਰੀ) ਦੂਜਿਆਂ। ਨਿਹ-ਫਲੁ	Nihafal Thin Kaa Jeeviaa J Khasam N Jaanehi Aapanaa Avaree Ko Chith Laae ||	Fruitless is the life of those who do not know their Lord and Master, and who center their consciousness on others.	ਉਹਨਾਂ ਬੰਦਿਆਂ ਦਾ ਜੀਊਣਾ ਵਿਅਰਥ ਹੈ ਜੋ (ਪ੍ਰਭੂ ਨੂੰ ਛੱਡ ਕੇ) ਕਿਸੇ ਹੋਰ ਵਿਚ ਚਿੱਤ ਲਾ ਕੇ ਆਪਣੇ ਖਸਮ-ਪ੍ਰਭੂ ਨੂੰ ਨਹੀਂ ਪਛਾਣਦੇ।

22775	509	ਨਾਨਕ ਏਵ ਨ ਜਾਪਈ ਕਰਤਾ ਕੇਤੀ ਦੇਇ ਸਜਾਇ॥੧॥		Naanak Eaev N Jaapee Karathaa Kaethee Dhaee Sajaae ||1||	O Nanak, it cannot be known, how much punishment the Creator shall inflict on them. ||1||	ਹੇ ਨਾਨਕ! ਅਜੇਹੇ ਬੰਦਿਆਂ ਨੂੰ ਕਰਤਾਰ ਕਿਤਨੀ ਕੁ ਸਜ਼ਾ ਦੇਂਦਾ ਹੈ, ਇਹ ਗੱਲ ਪਤਾ ਨਹੀਂ ਲਗਦੀ ॥੧॥
22776	509	ਮਃ ੩॥		Ma 3 ||	Third Mehl:	
22777	509	ਸਚਾ ਨਾਮੁ ਧਿਆਈਐ ਸਭੋ ਵਰਤੈ ਸਚੁ॥		Sachaa Naam Dhhiaaeeai Sabho Varathai Sach ||	Meditate on the True Name; the True Lord is pervading everywhere.	ਜੋ ਸਦਾ-ਥਿਰ ਪ੍ਰਭੂ ਹਰ ਥਾਂ ਵੱਸਦਾ ਹੈ ਉਸ ਦਾ ਨਾਮ ਸਿਮਰਨਾ ਚਾਹੀਦਾ ਹੈ,
22778	509	ਨਾਨਕ ਹੁਕਮੁ ਬੁਝਿ ਪਰਵਾਣੁ ਹੋਇ ਤਾ ਫਲੁ ਪਾਵੈ ਸਚੁ॥	ਬੁੱਝਿ	Naanak Hukam Bujh Paravaan Hoe Thaa Fal Paavai Sach ||	O Nanak, by understanding the Hukam of the Lord's Command, one becomes acceptable, and then obtains the fruit of Truth.	ਹੇ ਨਾਨਕ! ਜੇ ਮਨੁੱਖ ਪ੍ਰਭੂ ਦੀ ਰਜ਼ਾ ਨੂੰ ਸਮਝੇ ਤਾਂ ਉਸ ਦੀ ਹਜ਼ੂਰੀ ਵਿਚ ਕਬੂਲ ਹੁੰਦਾ ਹੈ ਤੇ (ਇਹ ਪ੍ਰਭੂ-ਦਰ ਤੇ ਪ੍ਰਵਾਨਗੀ-ਰੂਪ) ਸਦਾ ਟਿਕੇ ਰਹਿਣ ਵਾਲਾ ਫਲ ਪ੍ਰਾਪਤ ਕਰਦਾ ਹੈ।
22779	509	ਕਥਨੀ ਬਦਨੀ ਕਰਤਾ ਫਿਰੈ ਹੁਕਮੈ ਮੂਲਿ ਨ ਬੁਝਈ ਅੰਧਾ ਕਚੁਨਿ ਕਚੁ॥੨॥	ਕਚੁਕੱਚ ਤੋਂ ਭੀ। ਕਚੁਨਿਕੱਚਾ। ਬੁੱਝਈ	Kathhanee Badhanee Karathaa Firai Hukamai Mool N Bujhee Andhhaa Kach Nikach ||2||	He wanders around babbling and speaking, but he does not understand the Lord's Command at all. He is blind, the falsest of the false. ||2||	ਪਰ ਜੋ ਮਨੁੱਖ ਨਿਰੀਆਂ ਮੂੰਹ ਦੀਆਂ ਗੱਲਾਂ ਕਰਦਾ ਫਿਰਦਾ ਹੈ, ਪ੍ਰਭੂ ਦੀ ਰਜ਼ਾ ਨੂੰ ਉੱਕਾ ਨਹੀਂ ਸਮਝਦਾ, ਉਹ ਅੰਨ੍ਹਾ ਹੈ ਤੇ ਨਿਰੀਆਂ ਕੱਚੀਆਂ ਗੱਲਾਂ ਕਰਨ ਵਾਲਾ ਹੈ ॥੨॥
22780	509	ਪਉੜੀ॥		Pourree ||	Pauree:	

22781	509	ਸੰਜੋਗੁ ਵਿਜੋਗੁ ਉਪਾਇਓਨੁ ਸ੍ਰਿਸਟੀ ਕਾ ਮੂਲੁ ਰਚਾਇਆ॥		Sanjog Vijog Oupaaeioun Srisattee Kaa Mool Rachaaeiaa ||	Creating union and separation, He laid the foundations of the Universe.	ਪਰਮਾਤਮਾ ਨੇ ਸੰਜੋਗ ਤੇ ਵਿਜੋਗ-ਰੂਪ ਨੇਮ ਬਣਾਇਆ ਤੇ ਜਗਤ (ਰਚਨਾ) ਦਾ ਮੁੱਢ ਬੰਨ੍ਹ ਦਿੱਤਾ।
22782	509	ਹੁਕਮੀ ਸ੍ਰਿਸਟਿ ਸਾਜੀਅਨੁ ਜੋਤੀ ਜੋਤਿ ਮਿਲਾਇਆ॥		Hukamee Srisatt Saajeean Jothee Joth Milaaeiaa ||	By His Command, the Lord of Light fashioned the Universe, and infused His Divine Light into it.	ਉਸ ਨੇ ਆਪਣੇ ਹੁਕਮ ਵਿਚ ਸ੍ਰਿਸ਼ਟੀ ਸਾਜੀ ਤੇ (ਜੀਵਾਂ ਦੀ) ਆਤਮਾ ਵਿਚ (ਆਪਣੀ) ਜੋਤਿ ਰਲਾਈ।
22783	509	ਜੋਤੀ ਹੂੰ ਸਭੁ ਚਾਨਣਾ ਸਤਿਗੁਰਿ ਸਬਦੁ ਸੁਣਾਇਆ॥		Jothee Hoon Sabh Chaananaa Sathigur Sabadh Sunaaeiaa ||	From the Lord of Light, all light originates. The True Guru proclaims the Word of the Shabad.	ਇਹ ਸਾਰਾ ਪ੍ਰਕਾਸ਼ ਪ੍ਰਭੂ ਦੀ ਜੋਤਿ ਤੋਂ ਹੀ ਹੋਇਆ ਹੈ-ਇਹ ਬਚਨ ਸਤਿਗੁਰੂ ਨੇ ਸੁਣਾਇਆ ਹੈ।
22784	509	ਬ੍ਰਹਮਾ ਬਿਸਨੁ ਮਹੇਸੁ ਤ੍ਰੈ ਗੁਣ ਸਿਰਿ ਧੰਧੈ ਲਾਇਆ॥		Brehamaa Bisan Mehaes Thrai Gun Sir Dhhandhhai Laaeiaa ||	Brahma, Vishnu and Shiva, under the influence of the three dispositions, were put to their tasks.	ਬ੍ਰਹਮਾ, ਵਿਸ਼ਨੂ ਤੇ ਸ਼ਿਵ ਪੈਦਾ ਕਰ ਕੇ ਉਹਨਾਂ ਨੂੰ ਤਿੰਨਾਂ ਗੁਣਾਂ ਦੇ ਧੰਧੇ ਵਿਚ ਉਸ ਨੇ ਪਾ ਦਿੱਤਾ।

22785	509	ਮਾਇਆ ਕਾ ਮੂਲੁ ਰਚਾਇਓਨੁ ਤੁਰੀਆ ਸੁਖੁ ਪਾਇਆ॥੨॥		Maaeiaa Kaa Mool Rachaaeioun Thureeaa Sukh Paaeiaa ||2||	He created the root of Maya, and the peace obtained in the fourth state of consciousness. ||2||	ਪਰਮਾਤਮਾ ਨੇ (ਸੰਜੋਗ ਵਿਜੋਗ-ਰੂਪ) ਮਾਇਆ ਦਾ ਮੁੱਢ ਰਚ ਦਿੱਤਾ, (ਇਸ ਮਾਇਆ ਵਿਚ ਰਹਿ ਕੇ) ਸੁਖ ਉਸ ਨੇ ਲੱਭਾ ਜੋ ਤੁਰੀਆ ਅਵਸਥਾ ਵਿਚ ਅੱਪੜਿਆ ॥੨॥
22786	509	ਸਲੋਕੁ ਮਃ ੩॥		Salok Ma 3 ||	Shalok, Third Mehl:	
22787	509	ਸੋ ਜਪੁ ਸੋ ਤਪੁ ਜਿ ਸਤਿਗੁਰ ਭਾਵੈ॥		So Jap So Thap J Sathigur Bhaavai ||	That alone is chanting, and that alone is deep meditation, which is pleasing to the True Guru.	ਇਹੀ ਜਪ ਹੈ ਤੇ ਇਹੀ ਤਪ ਹੈ ਜੋ ਸਤਿਗੁਰੂ ਨੂੰ ਭਾ ਜਾਂਦਾ ਹੈ (ਚੰਗਾ ਲੱਗ ਪੈਂਦਾ),
22788	509	ਸਤਿਗੁਰ ਕੈ ਭਾਣੈ ਵਡਿਆਈ ਪਾਵੈ॥		Sathigur Kai Bhaanai Vaddiaaee Paavai ||	Pleasing the True Guru, glorious greatness is obtained.	ਮਨੁੱਖ ਸਤਿਗੁਰੂ ਦੀ ਰਜ਼ਾ ਵਿਚ ਰਹਿ ਕੇ ਹੀ ਆਦਰ ਮਾਣ ਹਾਸਲ ਕਰਦਾ ਹੈ।
22789	509	ਨਾਨਕ ਆਪੁ ਛੋਡਿ ਗੁਰ ਮਾਹਿ ਸਮਾਵੈ॥੧॥		Naanak Aap Shhodd Gur Maahi Samaavai ||1||	O Nanak, renouncing self-conceit, one merges into the Guru. ||1||	ਹੇ ਨਾਨਕ! ਆਪਾ-ਭਾਵ ਤਿਆਗ ਕੇ ਹੀ (ਮਨੁੱਖ) ਸਤਿਗੁਰੂ ਵਿਚ ਲੀਨ ਹੋ ਜਾਂਦਾ ਹੈ ॥੧॥
22790	509	ਮਃ ੩॥		Ma 3 ||	Third Mehl:	
22791	509	ਗੁਰ ਕੀ ਸਿਖ ਕੋ ਵਿਰਲਾ ਲੇਵੈ॥	ਸਿੱਖ	Gur Kee Sikh Ko Viralaa Laevai ||	How rare are those who receive the Guru's Teachings.	ਕੋਈ ਵਿਰਲਾ ਬੰਦਾ ਸਤਿਗੁਰੂ ਦੀ ਸਿੱਖਿਆ ਲੈਂਦਾ ਹੈ (ਭਾਵ, ਸਿੱਖਿਆ ਤੇ ਤੁਰਦਾ ਹੈ),

22792	509	ਨਾਨਕ ਜਿਸੁ ਆਪਿ ਵਡਿਆਈ ਦੇਵੈ॥੨॥		Naanak Jis Aap Vaddiaaee Dhaevai ||2||	O Nanak, he alone receives it, whom the Lord Himself blesses with glorious greatness. ||2||	ਹੇ ਨਾਨਕ! (ਗੁਰ-ਸਿੱਖਿਆ ਤੇ ਤੁਰਨ ਦੀ) ਵਡਿਆਈ ਉਸੇ ਨੂੰ ਮਿਲਦੀ ਹੈ ਜਿਸ ਨੂੰ ਪ੍ਰਭੂ ਆਪ ਦੇਂਦਾ ਹੈ ॥੨॥
22793	509	ਪਉੜੀ॥		Pourree ||	Pauree:	
22794	509	ਮਾਇਆ ਮੋਹੁ ਅਗਿਆਨੁ ਹੈ ਬਿਖਮੁ ਅਤਿ ਭਾਰੀ॥		Maaeiaa Mohu Agiaan Hai Bikham Ath Bhaaree ||	Emotional attachment to Maya is spiritual darkness; it is very difficult and such a heavy load.	ਮਾਇਆ ਦਾ ਮੋਹ ਤੇ ਅਗਿਆਨ (ਰੂਪ ਸਮੁੰਦਰ) ਬੜਾ ਭਾਰਾ ਔਖਾ ਹੈ;
22795	509	ਪਥਰ ਪਾਪ ਬਹੁ ਲਦਿਆ ਕਿਉ ਤਰੀਐ ਤਾਰੀ॥	ਪੱਥਰ ਲੱਦਿਆ	Pathhar Paap Bahu Ladhiaa Kio Thareeai Thaaree ||	Loaded with so very many stones of sin, how can the boat cross over?	ਜੇ ਬੜੇ ਪਾਪਾਂ (ਰੂਪ) ਪੱਥਰਾਂ ਨਾਲ ਲੱਦੇ ਹੋਵੀਏ (ਤਾਂ ਇਸ ਸਮੁੰਦਰ ਵਿਚੋਂ) ਕਿਵੇਂ ਤਰ ਕੇ ਲੰਘ ਸਕੀਦਾ ਹੈ? (ਭਾਵ, ਇਸ ਮੋਹ-ਸਮੁੰਦਰ ਵਿਚੋਂ ਸੁੱਕਾ ਬਚ ਕੇ ਲੰਘ ਨਹੀਂ ਸਕੀਦਾ)।
22796	509	ਅਨ ਦਿਨੁ ਭਗਤੀ ਰਤਿਆ ਹਰਿ ਪਾਰਿ ਉਤਾਰੀ॥		Anadhin Bhagathee Rathiaa Har Paar Outhaaree ||	Those who are attuned to the Lord's devotional worship night and day are carried across.	ਪ੍ਰਭੂ ਉਹਨਾਂ ਮਨੁੱਖਾਂ ਨੂੰ ਪਾਰ ਲੰਘਾਂਦਾ ਹੈ ਜੋ ਹਰ ਰੋਜ਼ (ਭਾਵ, ਹਰ ਵੇਲੇ) ਉਸ ਦੀ ਭਗਤੀ ਵਿਚ ਰੰਗੇ ਹੋਏ ਹਨ,
22797	509	ਗੁਰ ਸਬਦੀ ਮਨੁ ਨਿਰਮਲਾ ਹਉਮੈ ਛਡਿ ਵਿਕਾਰੀ॥		Gur Sabadhee Man Niramalaa Houmai Shhadd Vikaaree ||	Under the Instruction of the Guru's Shabad, one sheds egotism and corruption, and the mind becomes immaculate.	ਜਿਨ੍ਹਾਂ ਦਾ ਮਨ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਹਉਮੈ ਵਿਕਾਰ ਨੂੰ ਛੱਡ ਕੇ ਪਵਿੱਤ੍ਰ ਹੋ ਜਾਂਦਾ ਹੈ।

22798	509	ਹਰਿ ਹਰਿ ਨਾਮੁ ਧਿਆਈਐ ਹਰਿ ਹਰਿ ਨਿਸਤਾਰੀ॥੩॥	(ਨਿਸਤਾਰੀ) ਉਧਾਰ	Har Har Naam Dhhiaaeeai Har Har Nisathaaree ||3||	Meditate on the Name of the Lord, Har, Har; the Lord, Har, Har, is our Saving Grace. ||3||	(ਸੋ) ਪ੍ਰਭੂ ਦਾ ਹੀ ਨਾਮ ਸਿਮਰਨਾ ਚਾਹੀਦਾ ਹੈ, ਪ੍ਰਭੂ ਹੀ (ਇਸ 'ਮਾਇਆ-ਮੋਹ' ਰੂਪ ਸਮੁੰਦਰ ਤੋਂ) ਪਾਰ ਲੰਘਾਂਦਾ ਹੈ ॥੩॥
22799	509	ਸਲੋਕੁ॥		Salok ||	Shalok:	
22800	509	ਕਬੀਰ ਮੁਕਤਿ ਦੁਆਰਾ ਸੰਕੁੜਾ ਰਾਈ ਦਸਵੈ ਭਾਇ॥	(ਸੰਕੁੜਾ) ਭੀੜਾ।ਰਾਈ ਦੇ ਦਾਣੇ ਦਾ। (ਦਸਵੈ) ਦਸਵਾਂ। (ਭਾਇ) ਹਿੱਸਾ	Kabeer Mukath Dhuaaraa Sankurraa Raaee Dhasavai Bhaae ||	O Kabeer, the gate of liberation is narrow, less than one-tenth of a mustard seed.	ਹੇ ਕਬੀਰ! (ਮਾਇਆ ਦੇ ਮੋਹ ਤੋਂ) ਖ਼ਲਾਸੀ (ਪਾਣ) ਦਾ ਦਰਵਾਜ਼ਾ ਇਤਨਾ ਸੁੰਗੜਿਆ ਹੋਇਆ ਹੈ ਕਿ ਰਾਈ ਦੇ ਦਾਣੇ ਤੋਂ ਭੀ ਦਸਵਾਂ ਹਿੱਸਾ ਹੈ;
22801	509	ਮਨੁ ਤਉ ਮੈਗਲੁ ਹੋਇ ਰਹਾ ਨਿਕਸਿਆ ਕਿਉ ਕਰਿ ਜਾਇ॥	(ਮੈਗਲੁ) ਹਾਥੀ	Man Tho Maigal Hoe Rehaa Nikasiaa Kio Kar Jaae ||	The mind has become as big as an elephant; how can it pass through this gate?	ਪਰ (ਅਸਾਡਾ) ਮਨ (ਹਉਮੈ ਨਾਲ) ਮਸਤ ਹਾਥੀ ਬਣਿਆ ਪਿਆ ਹੈ (ਇਸ ਵਿਚੋਂ) ਕਿਵੇਂ ਲੰਘਿਆ ਜਾ ਸਕੇ?
22802	509	ਐਸਾ ਸਤਿਗੁਰੁ ਜੇ ਮਿਲੈ ਤੁਠਾ ਕਰੇ ਪਸਾਉ॥	(ਤੁਠਾ) ਪ੍ਰਸੰਨ। (ਪਸਾਉ) ਕ੍ਰਿਪਾ	Aisaa Sathigur Jae Milai Thuthaa Karae Pasaao ||	If one meets such a True Guru, by His Pleasure, He shows His Mercy.	ਜੇ ਕੋਈ ਅਜੇਹਾ ਗੁਰੂ ਮਿਲ ਪਏ ਜੋ ਪ੍ਰਸੰਨ ਹੋ ਕੇ ਕਿਰਪਾ ਕਰੇ,

22803	509	ਮੁਕਤਿ ਦੁਆਰਾ ਮੋਕਲਾ ਸਹਜੇ ਆਵਉ ਜਾਉ॥੧॥੩॥	(ਮੋਕਲਾ) ਖੁਲ੍ਹਾ	Mukath Dhuaaraa Mokalaa Sehajae Aavo Jaao ||1||	Then, the gate of liberation becomes wide open, and the soul easily passes through. ||1||	ਤਾਂ ਮੁਕਤੀ ਦਾ ਰਾਹ ਬੜਾ ਖੁਲ੍ਹਾ ਹੋ ਜਾਂਦਾ ਹੈ, ਉਸ ਵਿਚੋਂ ਸੌਖੇ ਹੀ ਆ ਜਾ ਸਕੀਦਾ ਹੈ ॥੧॥
22804	509	ਮਃ ੩॥		Ma 3 ||	Third Mehl:	
22805	509	ਨਾਨਕ ਮੁਕਤਿ ਦੁਆਰਾ ਅਤਿ ਨੀਕਾ ਨਾਨ੍ਹਾ ਹੋਇ ਸੁ ਜਾਇ॥	(ਨਾਨ੍ਹਾ) ਛੋਟਾਦਾਸਨ ਦਾਸ	Naanak Mukath Dhuaaraa Ath Neekaa Naanhaa Hoe S Jaae ||	O Nanak, the gate of liberation is very narrow; only the very tiny can pass through.	ਹੇ ਨਾਨਕ! ਮਾਇਆ ਦੇ ਮੋਹ ਤੋਂ ਬਚ ਕੇ ਲੰਘਣ ਦਾ ਰਸਤਾ ਬਹੁਤ ਨਿੱਕਾ ਜਿਹਾ ਹੈ, ਉਹੀ ਇਸ ਵਿਚੋਂ ਲੰਘ ਸਕਦਾ ਹੈ ਜੋ ਬਹੁਤ ਨਿੱਕਾ ਹੋ ਜਾਏ।
22806	509	ਹਉਮੈ ਮਨੁ ਅਸਥੂਲੁ ਹੈ ਕਿਉ ਕਰਿ ਵਿਚੁ ਦੇ ਜਾਇ॥	ਵਿੱਚੁ। ਦੇ ਦੀ	Houmai Man Asathhool Hai Kio Kar Vich Dhae Jaae ||	Through egotism, the mind has become bloated. How can it pass through?	ਪਰ ਜੇ ਮਨ ਹਉਮੈ ਨਾਲ ਮੋਟਾ ਹੋ ਗਿਆ, ਤਾਂ ਇਸ (ਨਿੱਕੇ ਜਿਹੇ ਦਰਵਾਜ਼ੇ) ਵਿਚੋਂ ਦੀ ਕਿਵੇਂ ਲੰਘਿਆ ਜਾ ਸਕੇ?
22807	509	ਸਤਿਗੁਰ ਮਿਲਿਐ ਹਉਮੈ ਗਈ ਜੋਤਿ ਰਹੀ ਸਭ ਆਇ॥		Sathigur Miliai Houmai Gee Joth Rehee Sabh Aae ||	Meeting the True Guru, egotism departs, and one is filled with the Divine Light.	ਜਦੋਂ ਗੁਰੂ ਮਿਲਿਆਂ ਹਉਮੈ ਦੂਰ ਹੋ ਜਾਏ ਤਾਂ ਅੰਦਰ ਪ੍ਰਕਾਸ਼ ਹੋ ਜਾਂਦਾ ਹੈ,

22808	510	ਇਹੁ ਜੀਉ ਸਦਾ ਮੁਕਤੁ ਹੈ ਸਹਜੇ ਰਹਿਆ ਸਮਾਇ॥੨॥		Eihu Jeeo Sadhaa Mukath Hai Sehajae Rehiaa Samaae ||2||	Then, this soul is liberated forever, and it remains absorbed in celestial bliss. ||2||	ਫਿਰ ਇਹ ਆਤਮਾ ਸਦਾ (ਮਾਇਆ-ਮੋਹ ਤੋਂ) ਆਜ਼ਾਦ ਰਹਿੰਦਾ ਹੈ ਤੇ ਅਡੋਲ ਅਵਸਥਾ ਵਿਚ ਟਿਕਿਆ ਰਹਿੰਦਾ ਹੈ ॥੨॥
22809	510	ਪਉੜੀ॥		Pourree ||	Pauree:	
22810	510	ਪ੍ਰਭਿ ਸੰਸਾਰੁ ਉਪਾਇ ਕੈ ਵਸਿ ਆਪਣੈ ਕੀਤਾ॥	ਵੱਸਿ	Prabh Sansaar Oupaae Kai Vas Aapanai Keethaa ||	God created the Universe, and He keeps it under His power.	ਪ੍ਰਭੂ ਨੇ ਜਗਤ ਪੈਦਾ ਕਰ ਕੇ ਆਪਣੇ ਵੱਸ ਵਿਚ ਰੱਖਿਆ ਹੋਇਆ ਹੈ,
22811	510	ਗਣਤੈ ਪ੍ਰਭੂ ਨ ਪਾਈਐ ਦੂਜੈ ਭਰਮੀਤਾ॥		Ganathai Prabhoo N Paaeeai Dhoojai Bharameethaa ||	God cannot be obtained by counting; the mortal wanders in doubt.	(ਪਰ ਮਾਇਆ ਦੀਆਂ ਹੀ) ਵਿਚਾਰਾਂ ਕੀਤਿਆਂ ਪ੍ਰਭੂ ਨਹੀਂ ਮਿਲਦਾ, (ਸਗੋਂ) ਮਾਇਆ ਵਿਚ ਹੀ ਭਟਕੀਦਾ ਹੈ।
22812	510	ਸਤਿਗੁਰ ਮਿਲਿਐ ਜੀਵਤੁ ਮਰੈ ਬੁਝਿ ਸਚਿ ਸਮੀਤਾ॥	ਬੁੱਝਿ	Sathigur Miliai Jeevath Marai Bujh Sach Sameethaa ||	Meeting the True Guru, one remains dead while yet alive; understanding Him, he is absorbed in the Truth.	ਗੁਰੂ ਮਿਲਿਆਂ ਜੇ ਮਨੁੱਖ ਜੀਊਂਦਾ (ਮਾਇਆ ਵਲੋਂ) ਮਰੇ ਤਾਂ ਅਸਲੀਅਤ ਸਮਝ ਕੇ ਸੱਚੇ ਪ੍ਰਭੂ ਦੇ ਮੇਲ ਵਿਚ ਮਿਲ ਜਾਂਦਾ ਹੈ।
22813	510	ਸਬਦੇ ਹਉਮੈ ਖੋਈਐ ਹਰਿ ਮੇਲਿ ਮਿਲੀਤਾ॥		Sabadhae Houmai Khoeeai Har Mael Mileethaa ||	Through the Word of the Shabad, egotism is eradicated, and one is united in the Lord's Union.	ਗੁਰੂ ਦੇ ਉਪਦੇਸ ਨਾਲ ਹੰਕਾਰ ਮਰ ਜਾਂਦਾ ਹੈ ਤੇ ਪ੍ਰਭੂ ਨਾਲ ਮੇਲ ਹੋ ਜਾਂਦਾ ਹੈ,

22814	510	ਸਭ ਕਿਛੁ ਜਾਣੈ ਕਰੇ ਆਪਿ ਆਪੇ ਵਿਗਸੀਤਾ॥੪॥		Sabh Kishh Jaanai Karae Aap Aapae Vigaseethaa ||4||	He knows everything, and Himself does everything; beholding His Creation, He rejoices. ||4||	ਤੇ (ਇਹ ਸਮਝ ਆ ਜਾਂਦੀ ਕਿ) ਪ੍ਰਭੂ ਆਪ ਹੀ ਸਭ ਕੁਝ ਜਾਣਦਾ ਹੈ, ਆਪ ਹੀ ਕਰਦਾ ਹੈ ਤੇ ਆਪ ਹੀ (ਵੇਖ ਕੇ) ਖ਼ੁਸ਼ ਹੁੰਦਾ ਹੈ ॥੪॥
22815	510	ਸਲੋਕੁ ਮਃ ੩॥		Salok Ma 3 ||	Shalok, Third Mehl:	
22816	510	ਸਤਿਗੁਰ ਸਿਉ ਚਿਤੁ ਨ ਲਾਇਓ ਨਾਮੁ ਨ ਵਸਿਓ ਮਨਿ ਆਇ॥		Sathigur Sio Chith N Laaeiou Naam N Vasiou Man Aae ||	One who has not focused his consciousness on the True Guru, and into whose mind the Naam does not come	ਜੇ ਗੁਰੂ ਨਾਲ ਚਿੱਤ ਨਾਹ ਲਾਇਆ ਤੇ ਪ੍ਰਭੂ ਦਾ ਨਾਮ ਮਨ ਵਿਚ ਨਾਹ ਵੱਸਿਆ,
22817	510	ਧ੍ਰਿਗੁ ਇਵੇਹਾ ਜੀਵਿਆ ਕਿਆ ਜੁਗ ਮਹਿ ਪਾਇਆ ਆਇ॥		Dhhrig Eivaehaa Jeeviaa Kiaa Jug Mehi Paaeiaa Aae ||	Cursed is such a life. What has he gained by coming into the world?	ਤਾਂ ਫਿਟੇ-ਮੂੰਹ ਇਸ ਜੀਊਣ ਨੂੰ! ਮਨੁੱਖਾ-ਜਨਮ ਵਿਚ ਆ ਕੇ ਕੀਹ ਖੱਟਿਆ?
22818	510	ਮਾਇਆ ਖੋਟੀ ਰਾਸਿ ਹੈ ਏਕ ਚਸੇ ਮਹਿ ਪਾਜੁ ਲਹਿ ਜਾਇ॥	(ਪਾਜੁ) ਦਿਖਾਵਾ। ਚਸੇ:ਪੋਲਾ ਬੋਲੋ	Maaeiaa Khottee Raas Hai Eaek Chasae Mehi Paaj Lehi Jaae ||	Maya is false capital; in an instant, its false covering falls off.	ਮਾਇਆ ਤਾਂ ਖੋਟੀ ਪੂੰਜੀ ਹੈ, ਇਸ ਦਾ ਪਾਜ ਤਾਂ ਇਕ ਪਲਕ ਵਿਚ ਲਹਿ ਜਾਂਦਾ ਹੈ,

22819	510	ਹਥਹੁ ਛੁੜਕੀ ਤਨੁ ਸਿਆਹੁ ਹੋਇ ਬਦਨੁ ਜਾਇ ਕੁਮਲਾਇ॥		Hathhahu Shhurrakee Than Siaahu Hoe Badhan Jaae Kumalaae ||	When it slips from his hand, his body turns black, and his face withers away.	ਜੇ ਇਹ ਗੁਆਚ ਜਾਏ (ਇਸ ਦੇ ਗ਼ਮ ਨਾਲ) ਸਰੀਰ ਕਾਲਾ ਹੋ ਜਾਂਦਾ ਹੈ ਤੇ ਮੂੰਹ ਕੁਮਲਾ ਜਾਂਦਾ ਹੈ।
22820	510	ਜਿਨ ਸਤਿਗੁਰ ਸਿਉ ਚਿਤੁ ਲਾਇਆ ਤਿਨ੍ਹ ਸੁਖੁ ਵਸਿਆ ਮਨਿ ਆਇ॥		Jin Sathigur Sio Chith Laaeiaa Thinh Sukh Vasiaa Man Aae ||	Those who focus their consciousness on the True Guru - peace comes to abide in their minds.	ਜਿਨ੍ਹਾਂ ਮਨੁੱਖਾਂ ਨੇ ਗੁਰੂ ਨਾਲ ਚਿੱਤ ਜੋੜਿਆ ਉਹਨਾਂ ਦੇ ਮਨ ਵਿਚ ਸ਼ਾਂਤੀ ਆ ਵੱਸਦੀ ਹੈ;
22821	510	ਹਰਿ ਨਾਮੁ ਧਿਆਵਹਿ ਰੰਗ ਸਿਉ ਹਰਿ ਨਾਮਿ ਰਹੇ ਲਿਵ ਲਾਇ॥		Har Naam Dhhiaavehi Rang Sio Har Naam Rehae Liv Laae ||	They meditate on the Name of the Lord with love; they are lovingly attuned to the Name of the Lord.	ਉਹ ਪਿਆਰ ਨਾਲ ਪ੍ਰਭੂ ਦਾ ਨਾਮ ਸਿਮਰਦੇ ਹਨ, ਪ੍ਰਭੂ-ਨਾਮ ਵਿਚ ਸੁਰਤਿ ਜੋੜੀ ਰੱਖਦੇ ਹਨ।
22822	510	ਨਾਨਕ ਸਤਿਗੁਰ ਸੋ ਧਨੁ ਸਉਪਿਆ ਜਿ ਜੀਅ ਮਹਿ ਰਹਿਆ ਸਮਾਇ॥		Naanak Sathigur So Dhhan Soupiaa J Jeea Mehi Rehiaa Samaae ||	O Nanak, the True Guru has bestowed upon them the wealth, which remains contained within their hearts.	ਹੇ ਨਾਨਕ! ਇਹ ਨਾਮ-ਧਨ ਪ੍ਰਭੂ ਨੇ ਸਤਿਗੁਰੂ ਨੂੰ ਸੌਂਪਿਆ ਹੈ, ਇਹ ਧਨ ਗੁਰੂ ਦੇ ਆਤਮਾ ਵਿਚ ਰਚਿਆ ਹੋਇਆ ਹੈ;

22823	510	ਰੰਗੁ ਤਿਸੈ ਕਉ ਅਗਲਾ ਵੰਨੀ ਚੜੈ ਚੜਾਇ॥੧॥	ਚੜੈ। ਚੜ੍ਹਾਇ	Rang Thisai Ko Agalaa Vannee Charrai Charraae ||1||	They are imbued with supreme love; its color increases day by day. ||1||	(ਜੋ ਮਨੁੱਖ ਗੁਰੂ ਤੋਂ ਨਾਮ ਧਨ ਲੈਂਦਾ ਹੈ) ਉਸੇ ਨੂੰ ਨਾਮ-ਰੰਗ ਬਹੁਤ ਚੜ੍ਹਦਾ ਹੈ, ਤੇ ਇਹ ਰੰਗ ਨਿੱਤ ਚਮਕਦਾ ਹੈ (ਦੂਣਾ ਚਉਣਾ ਹੁੰਦਾ ਹੈ) ॥੧॥
22824	510	ਮਃ ੩॥	ਜੱਗ-ਤਿ	Ma 3 ||	Third Mehl:	
22825	510	ਮਾਇਆ ਹੋਈ ਨਾਗਨੀ ਜਗਤਿ ਰਹੀ ਲਪਟਾਇ॥		Maaeiaa Hoee Naaganee Jagath Rehee Lapattaae ||	Maya is a serpent, clinging to the world.	ਮਾਇਆ ਸੱਪਣੀ ਬਣੀ ਹੋਈ ਹੈ ਜਗਤ ਵਿਚ (ਹਰੇਕ ਜੀਵ ਨੂੰ) ਚੰਬੜੀ ਹੋਈ ਹੈ,
22826	510	ਇਸ ਕੀ ਸੇਵਾ ਜੋ ਕਰੇ ਤਿਸ ਹੀ ਕਉ ਫਿਰਿ ਖਾਇ॥		Eis Kee Saevaa Jo Karae This Hee Ko Fir Khaae ||	Whoever serves her, she ultimately devours.	ਜੋ ਇਸ ਦਾ ਗ਼ੁਲਾਮ ਬਣਦਾ ਹੈ ਉਸੇ ਨੂੰ ਇਹ ਮਾਰ ਮੁਕਾਂਦੀ ਹੈ।

22827	510	ਗੁਰਮੁਖਿ ਕੋਈ ਗਾਰੜੂ ਤਿਨਿ ਮਲਿ ਦਲਿ ਲਾਈ ਪਾਇ॥	ਸੱਪ ਦੀ ਜ਼ਹਿਰ ਦੂਰ ਕਰਨ ਲਈ, ਜਿਵੇਂ ਕੋਈ ਗਾਰੜੂ ਮੰਤ੍ਰ ਪੜ੍ਹਦਾ ਹੈ, ਤਿਵੇਂ ਦੂਜਿਆਂ ਦੇ ਔਗੁਣਾਂ ਵਿਕਾਰਾਂ ਦੀ ਜ਼ਹਿਰ ਦੂਰ ਕਰਨ ਲਈ, ਗਾਰੜੂ ਵਾਹਿਗੁਰੂ ਮੰਤ੍ਰ ਪੜ੍ਹਨ ਵਾਲੇ ਕੋਈ ਵਿਰਲੇ ਗੁਰਮੁਖਿ ਗੁਰਸੇਵਕ ਜੀ ਹਨ। ਮਲਿ ਦਲਿ: ਪੋਲੇ ਬੋਲੋ	Guramukh Koee Gaararroo Thin Mal Dhal Laaee Paae ||	The Gurmukh is a snake-charmer; he has trampled her and thrown her down, and crushed her underfoot.	ਕੋਈ ਵਿਰਲਾ ਗੁਰਮੁਖ ਹੁੰਦਾ ਹੈ ਜੋ ਇਸ ਮਾਇਆ-ਸੱਪਣੀ ਦੇ ਜ਼ਹਿਰ ਦਾ ਮੰਤ੍ਰ ਜਾਣਦਾ ਹੈ, ਉਸ ਨੇ ਇਸ ਨੂੰ ਚੰਗੀ ਤਰ੍ਹਾਂ ਮਲ ਕੇ ਪੈਰਾਂ ਹੇਠ ਸੁੱਟ ਲਿਆ ਹੈ।
22828	510	ਨਾਨਕ ਸੇਈ ਉਬਰੇ ਜਿ ਸਚਿ ਰਹੇ ਲਿਵ ਲਾਇ॥੨॥		Naanak Saeee Oubarae J Sach Rehae Liv Laae ||2||	O Nanak, they alone are saved, who remain lovingly absorbed in the True Lord. ||2||	ਹੇ ਨਾਨਕ! ਇਸ ਮਾਇਆ ਸੱਪਣੀ ਤੋਂ ਉਹੀ ਬਚੇ ਹਨ ਜੋ ਸੱਚੇ ਪ੍ਰਭੂ ਵਿਚ ਸੁਰਤਿ ਜੋੜਦੇ ਹਨ ॥੨॥
22829	510	ਪਉੜੀ॥		Pourree ||	Pauree:	
22830	510	ਢਾਢੀ ਕਰੇ ਪੁਕਾਰ ਪ੍ਰਭੂ ਸੁਣਾਇਸੀ॥		Dtaadtee Karae Pukaar Prabhoo Sunaaeisee ||	The minstrel cries out, and God hears him.	ਜਦੋਂ ਮਨੁੱਖ ਢਾਢੀ ਬਣ ਕੇ ਅਰਦਾਸ ਕਰਦਾ ਹੈ ਤੇ ਪ੍ਰਭੂ ਨੂੰ ਸੁਣਾਂਦਾ ਹੈ,

22831	510	ਅੰਦਰਿ ਧੀਰਕ ਹੋਇ ਪੂਰਾ ਪਾਇਸੀ॥		Andhar Dhheerak Hoe Pooraa Paaeisee ||	He is comforted within his mind, and he obtains the Perfect Lord.	ਤਾਂ ਇਸ ਦੇ ਅੰਦਰ ਧੀਰਜ ਆਉਂਦੀ ਹੈ (ਮਾਇਆ-ਮੋਹ ਤੇ ਹਉਮੈ ਦੂਰ ਹੁੰਦੇ ਹਨ) ਤੇ ਪੂਰਾ ਪ੍ਰਭੂ ਇਸ ਨੂੰ ਮਿਲਦਾ ਹੈ।
22832	510	ਜੋ ਧੁਰਿ ਲਿਖਿਆ ਲੇਖੁ ਸੇ ਕਰਮ ਕਮਾਇਸੀ॥		Jo Dhhur Likhiaa Laekh Sae Karam Kamaaeisee ||	Whatever destiny is pre-ordained by the Lord, those are the deeds he does.	ਧੁਰੋਂ (ਪਿਛਲੀ ਕੀਤੀ ਸਿਫ਼ਤ-ਸਾਲਾਹ ਅਨੁਸਾਰ) ਜੋ (ਭਗਤੀ ਦਾ) ਲੇਖ ਮੱਥੇ ਤੇ ਉੱਘੜਦਾ ਹੈ ਤੇ ਉਹੋ ਜਿਹੇ (ਭਾਵ, ਸਿਫ਼ਤ-ਸਾਲਾਹ ਵਾਲੇ) ਕੰਮ ਕਰਦਾ ਹੈ।
22833	510	ਜਾ ਹੋਵੈ ਖਸਮੁ ਦਇਆਲੁ ਤਾ ਮਹਲੁ ਘਰੁ ਪਾਇਸੀ॥		Jaa Hovai Khasam Dhaeiaal Thaa Mehal Ghar Paaeisee ||	When the Lord and Master becomes Merciful, then one obtains the Mansion of the Lord's Presence as his home.	(ਇਸ ਤਰ੍ਹਾਂ) ਜਦੋਂ ਖਸਮ ਦਿਆਲ ਹੁੰਦਾ ਹੈ ਤਾਂ ਇਸ ਨੂੰ ਪ੍ਰਭੂ ਦਾ ਮਹਿਲ-ਰੂਪ ਅਸਲ ਘਰ ਲੱਭ ਪੈਂਦਾ ਹੈ।
22834	510	ਸੋ ਪ੍ਰਭੁ ਮੇਰਾ ਅਤਿ ਵਡਾ ਗੁਰਮੁਖਿ ਮੇਲਾਇਸੀ॥੫॥		So Prabh Maeraa Ath Vaddaa Guramukh Maelaaeisee ||5||	That God of mine is so very great; as Gurmukh, I have met Him. ||5||	ਪਰ ਮੇਰਾ ਉਹ ਪ੍ਰਭੂ ਹੈ ਬਹੁਤ ਵੱਡਾ, ਗੁਰੂ ਦੀ ਰਾਹੀਂ ਹੀ ਮਿਲਦਾ ਹੈ ॥੫॥
22835	510	ਸਲੋਕ ਮਃ ੩॥		Salok Ma 3 ||	Shalok, Third Mehl:	
22836	510	ਸਭਨਾ ਕਾ ਸਹੁ ਏਕੁ ਹੈ ਸਦ ਹੀ ਰਹੈ ਹਜੂਰਿ॥		Sabhanaa Kaa Sahu Eaek Hai Sadh Hee Rehai Hajoor ||	There is One Lord God of all; He remains ever-present.	ਸਭ (ਜੀਵ-ਇਸਤ੍ਰੀਆਂ) ਦਾ ਖਸਮ ਇਕ ਪਰਮਾਤਮਾ ਹੈ ਜੋ ਸਦਾ ਹੀ ਇਹਨਾਂ ਦੇ ਅੰਗ-ਸੰਗ ਰਹਿੰਦਾ ਹੈ,

22837	510	ਨਾਨਕ ਹੁਕਮੁ ਨ ਮੰਨਈ ਤਾ ਘਰ ਹੀ ਅੰਦਰਿ ਦੂਰਿ॥		Naanak Hukam N Mannee Thaa Ghar Hee Andhar Dhoor ||	O Nanak, if one does not obey the Hukam of the Lord's Command, then within one's own home, the Lord seems far away.	ਪਰ, ਹੇ ਨਾਨਕ! ਜੋ (ਜੀਵ-ਇਸਤ੍ਰੀ) ਉਸ ਦਾ ਹੁਕਮ ਨਹੀਂ ਮੰਨਦੀ (ਉਸ ਦੀ ਰਜ਼ਾ ਵਿਚ ਨਹੀਂ ਤੁਰਦੀ) ਉਸ ਨੂੰ ਉਹ ਖਸਮ ਹਿਰਦੇ-ਘਰ ਵਿਚ ਵੱਸਦਾ ਹੋਇਆ ਭੀ ਕਿਤੇ ਦੂਰ ਵੱਸਦਾ ਜਾਪਦਾ ਹੈ।
22838	510	ਹੁਕਮੁ ਭੀ ਤਿਨ੍ਹਾ ਮਨਾਇਸੀ ਜਿਨ੍ ਕਉ ਨਦਰਿ ਕਰੇਇ॥		Hukam Bhee Thinhaa Manaaeisee Jinh Ko Nadhar Karaee ||	They alone obey the Lord's Command, upon whom He casts His Glance of Grace.	ਹੁਕਮ ਭੀ ਉਹਨਾਂ ਹੀ (ਜੀਵ-ਇਸਤ੍ਰੀਆਂ) ਤੋਂ ਮਨਾਂਦਾ ਹੈ ਜਿਨ੍ਹਾਂ ਉੱਤੇ ਮਿਹਰ ਦੀ ਨਜ਼ਰ ਕਰਦਾ ਹੈ;
22839	510	ਹੁਕਮੁ ਮੰਨਿ ਸੁਖੁ ਪਾਇਆ ਪ੍ਰੇਮ ਸੁਹਾਗਣਿ ਹੋਇ॥੧॥		Hukam Mann Sukh Paaeiaa Praem Suhaagan Hoe ||1||	Obeying His Command, one obtains peace, and becomes the happy, loving soul-bride. ||1||	ਜਿਸ ਨੇ ਹੁਕਮ ਮੰਨ ਕੇ ਸੁਖ ਹਾਸਲ ਕੀਤਾ ਹੈ, ਉਹ ਪ੍ਰੇਮ ਵਾਲੀ ਚੰਗੇ ਭਾਗਾਂ ਵਾਲੀ ਹੋ ਜਾਂਦੀ ਹੈ ॥੧॥
22840	510	ਮਃ ੩॥		Ma 3 ||	Third Mehl:	
22841	510	ਰੈਣਿ ਸਬਾਈ ਜਲਿ ਮੁਈ ਕੰਤ ਨ ਲਾਇਓ ਭਾਉ॥		Rain Sabaaee Jal Muee Kanth N Laaeiou Bhaao ||	She who does not love her Husband Lord, burns and wastes away all through the night of her life.	ਜਿਸ ਜੀਵ-ਇਸਤ੍ਰੀ ਨੇ ਕੰਤ ਪ੍ਰਭੂ ਨਾਲ ਪਿਆਰ ਨਾਹ ਕੀਤਾ, ਉਹ (ਜ਼ਿੰਦਗੀ ਰੂਪ) ਸਾਰੀ ਰਾਤ ਸੜ ਮੁਈ (ਉਸ ਦੀ ਸਾਰੀ ਉਮਰ ਦੁੱਖਾਂ ਵਿਚ ਲੰਘੀ)।

22842	510	ਨਾਨਕ ਸੁਖਿ ਵਸਨਿ ਸੋਹਾਗਣੀ ਜਿਨ੍ਹ ਪਿਆਰਾ ਪੁਰਖੁ ਹਰਿ ਰਾਉ॥੨॥		Naanak Sukh Vasan Suohaaganee Jinh Piaaraa Purakh Har Raao ||2||	O Nanak, the soul-brides dwell in peace; they have the Lord, their King, as their Husband. ||2||	ਪਰ, ਹੇ ਨਾਨਕ! ਜਿਨ੍ਹਾਂ ਦਾ ਪਿਆਰਾ ਅਕਾਲ ਪੁਰਖ (ਖਸਮ) ਹੈ ਉਹ ਭਾਗਾਂ ਵਾਲੀਆਂ ਸੁਖ ਨਾਲ ਸੌਂਦੀਆਂ ਹਨ (ਜ਼ਿੰਦਗੀ ਦੀ ਰਾਤ ਸੁਖ ਨਾਲ ਗੁਜ਼ਾਰਦੀਆਂ ਹਨ) ॥੨॥
22843	510	ਪਉੜੀ॥		Pourree ||	Pauree:	
22844	510	ਸਭੁ ਜਗੁ ਫਿਰਿ ਮੈ ਦੇਖਿਆ ਹਰਿ ਇਕੋ ਦਾਤਾ॥	ਜੱਗੁ	Sabh Jag Fir Mai Dhaekhiaa Har Eiko Dhaathaa ||	Roaming over the entire world, I have seen that the Lord is the only Giver.	ਮੈਂ ਸਾਰਾ ਸੰਸਾਰ ਟੋਲ ਕੇ ਵੇਖ ਲਿਆ ਹੈ, ਇਕ ਪਰਮਾਤਮਾ ਹੀ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ;
22845	510	ਉਪਾਇ ਕਿਤੈ ਨ ਪਾਈਐ ਹਰਿ ਕਰਮ ਬਿਧਾਤਾ॥		Oupaae Kithai N Paaeeai Har Karam Bidhhaathaa ||	The Lord cannot be obtained by any device at all; He is the Architect of Karma.	ਜੀਵਾਂ ਦੇ ਕਰਮਾਂ ਦੀ ਬਿਧ ਬਨਾਣ ਵਾਲਾ ਉਹ ਪ੍ਰਭੂ ਕਿਸੇ ਚਤੁਰਾਈ ਸਿਆਣਪ ਨਾਲ ਨਹੀਂ ਲੱਭਦਾ;
22846	510	ਗੁਰ ਸਬਦੀ ਹਰਿ ਮਨਿ ਵਸੈ ਹਰਿ ਸਹਜੇ ਜਾਤਾ॥		Gur Sabadhee Har Man Vasai Har Sehajae Jaathaa ||	Through the Word of the Guru's Shabad, the Lord comes to dwell in the mind, and the Lord is easily revealed within.	ਸਿਰਫ਼ ਗੁਰੂ ਦੇ ਸ਼ਬਦ ਦੁਆਰਾ ਹਿਰਦੇ ਵਿਚ ਵੱਸਦਾ ਹੈ ਤੇ ਸੌਖਾ ਹੀ ਪਛਾਣਿਆ ਜਾ ਸਕਦਾ ਹੈ।

22847	510	ਅੰਦਰਹੁ ਤ੍ਰਿਸਨਾ ਅਗਨਿ ਬੁਝੀ ਹਰਿ ਅੰਮ੍ਰਿਤ ਸਰਿ ਨਾਤਾ॥	ਬੁਝੀ: ਪੋਲਾ ਬੋਲੋ। ਨ੍ਹਾਤਾ	Andharahu Thrisanaa Agan Bujhee Har Anmrith Sar Naathaa ||	The fire of desire within is quenched, and one bathes in the Lord's Pool of Ambrosial Nectar.	ਜੋ ਮਨੁੱਖ ਪ੍ਰਭੂ ਦੇ ਨਾਮ-ਅੰਮ੍ਰਿਤ ਦੇ ਸਰੋਵਰ ਵਿਚ ਨ੍ਹਾਉਂਦਾ ਹੈ ਉਸ ਦੇ ਅੰਦਰੋਂ ਤ੍ਰਿਸਨਾ ਦੀ ਅੱਗ ਬੁਝ ਜਾਂਦੀ ਹੈ;
22848	510	ਵਡੀ ਵਡਿਆਈ ਵਡੇ ਕੀ ਗੁਰਮੁਖਿ ਬੋਲਾਤਾ॥੬॥		Vaddee Vaddiaaee Vaddae Kee Guramukh Bolaathaa ||6||	The great greatness of the great Lord God - the Gurmukh speaks of this. ||6||	ਇਹ ਉਸ ਵੱਡੇ ਦੀ ਵਡਿਆਈ ਹੈ ਕਿ (ਜੀਵ ਪਾਸੋਂ) ਗੁਰੂ ਦੀ ਰਾਹੀਂ ਆਪਣੀ ਸਿਫ਼ਤ-ਸਾਲਾਹ ਕਰਾਂਦਾ ਹੈ ॥੬॥
22849	510	ਸਲੋਕੁ ਮਃ ੩॥		Salok Ma 3 ||	Shalok, Third Mehl:	
22850	510	ਕਾਇਆ ਹੰਸ ਕਿਆ ਪ੍ਰੀਤਿ ਹੈ ਜਿ ਪਇਆ ਹੀ ਛਡਿ ਜਾਇ॥		Kaaeiaa Hans Kiaa Preeth Hai J Paeiaa Hee Shhadd Jaae ||	What love is this between the body and soul, which ends when the body falls?	ਸਰੀਰ ਤੇ ਆਤਮਾ ਦਾ ਕੱਚਾ ਜਿਹਾ ਪਿਆਰ ਹੈ, (ਅੰਤ ਵੇਲੇ, ਇਹ ਆਤਮਾ ਸਰੀਰ ਨੂੰ) ਡਿੱਗੇ ਨੂੰ ਹੀ ਛੱਡ ਕੇ ਤੁਰ ਜਾਂਦਾ ਹੈ;
22851	510	ਏਸ ਨੋ ਕੂੜੁ ਬੋਲਿ ਕਿ ਖਵਾਲੀਐ ਜਿ ਚਲਦਿਆ ਨਾਲਿ ਨ ਜਾਇ॥		Eaes No Koorr Bol K Khavaaleeai J Chaladhiaa Naal N Jaae ||	Why feed it by telling lies? When you leave, it does not go with you.	ਜਦੋਂ (ਆਖ਼ਰ) ਤੁਰਨ ਵੇਲੇ ਇਹ ਸਰੀਰ ਨਾਲ ਨਹੀਂ ਜਾਂਦਾ ਤਾਂ ਇਸ ਨੂੰ ਝੂਠ ਬੋਲ ਬੋਲ ਕੇ ਪਾਲਣ ਦਾ ਕੀਹ ਲਾਭ?
22852	511	ਕਾਇਆ ਮਿਟੀ ਅੰਧੁ ਹੈ ਪਉਣੈ ਪੁਛਹੁ ਜਾਇ॥	ਮਿੱਟੀ। ਪਉਣੈ ਸੁਆਸਾਂ ਨੂੰ ਪੁੱਛੋ, ਇਹ ਭੀ ਚਲੇ ਜਾਂਦੇ ਹਨ	Kaaeiaa Mittee Andhh Hai Pounai Pushhahu Jaae ||	The body is merely blind dust; go, and ask the soul.	ਸਰੀਰ ਤਾਂ ਗਯਾਨਹੀਣ ਮਿੱਟੀ ਹੈ, ਆਖ਼ਰ ਲੇਖਾ ਜੀਵਾਤਮਾ ਤੋਂ ਹੀ ਮੰਗਿਆ ਜਾਂਦਾ ਹੈ।

22853	511	ਹਉ ਤਾ ਮਾਇਆ ਮੋਹਿਆ ਫਿਰਿ ਫਿਰਿ ਆਵਾ ਜਾਇ॥		Ho Thaa Maaeiaa Mohiaa Fir Fir Aavaa Jaae ||	The soul answers, ""I am enticed by Maya, and so I come and go, again and again.""	ਮੈਂ ਮਾਇਆ ਦੇ ਮੋਹ ਵਿਚ ਫਸਿਆ ਮੁੜ ਮੁੜ ਜਨਮ ਮਰਨ ਵਿਚ ਪਿਆ ਰਿਹਾ;
22854	511	ਨਾਨਕ ਹੁਕਮੁ ਨ ਜਾਤੋ ਖਸਮ ਕਾ ਜਿ ਰਹਾ ਸਚਿ ਸਮਾਇ॥੧॥	ਜੱਾਤੋ ਕਸਕੇ	Naanak Hukam N Jaatho Khasam Kaa J Rehaa Sach Samaae ||1||	O Nanak, I do not know my Lord and Master's Command, by which I would merge in the Truth. ||1||	ਹੇ ਨਾਨਕ! ਮੈਂ ਖਸਮ ਦਾ ਹੁਕਮ ਨਾਹ ਪਛਾਣਿਆ ਜਿਸ ਦੀ ਬਰਕਤਿ ਨਾਲ ਮੈਂ ਸੱਚੇ ਪ੍ਰਭੂ ਵਿਚ ਟਿਕਿਆ ਰਹਿੰਦਾ ॥੧॥
22855	511	ਮਃ ੩॥		Ma 3 ||	Third Mehl:	
22856	511	ਏਕੋ ਨਿਹਚਲ ਨਾਮ ਧਨੁ ਹੋਰੁ ਧਨੁ ਆਵੈ ਜਾਇ॥		Eaeko Nihachal Naam Dhhan Hor Dhhan Aavai Jaae ||	The Naam, the Name of the Lord, is the only permanent wealth; all other wealth comes and goes.	ਪਰਮਾਤਮਾ ਦਾ ਨਾਮ ਹੀ ਇਕ ਐਸਾ ਧਨ ਹੈ ਜੋ ਸਦਾ ਕਾਇਮ ਰਹਿੰਦਾ ਹੈ, ਹੋਰ ਧਨ ਕਦੇ ਮਿਲਿਆ ਤੇ ਕਦੇ ਨਾਸ ਹੋ ਗਿਆ;
22857	511	ਇਸੁ ਧਨ ਕਉ ਤਸਕਰੁ ਜੋਹਿ ਨ ਸਕਈ ਨਾ ਓਚਕਾ ਲੈ ਜਾਇ॥	(ੳ-ਚੱਕਾ)ਠੱਗ	Eis Dhhan Ko Thasakar Johi N Sakee Naa Ouchakaa Lai Jaae ||	Thieves cannot steal this wealth, nor can robbers take it away.	ਇਸ ਧਨ ਵਲ ਕੋਈ ਚੋਰ ਅੱਖ ਚੁੱਕ ਕੇ ਨਹੀਂ ਵੇਖ ਸਕਦਾ, ਕੋਈ ਗੰਢ-ਕੱਪ ਇਸ ਨੂੰ ਖੋਹ ਨਹੀਂ ਸਕਦਾ।

22858	511	ਇਹੁ ਹਰਿ ਧਨੁ ਜੀਐ ਸੇਤੀ ਰਵਿ ਰਹਿਆ ਜੀਐ ਨਾਲੇ ਜਾਇ॥		Eihu Har Dhhan Jeeai Saethee Rav Rehiaa Jeeai Naalae Jaae ||	This wealth of the Lord is embedded in the soul, and with the soul, it shall depart.	ਪਰਮਾਤਮਾ ਦਾ ਨਾਮ-ਰੂਪ ਇਹ ਧਨ ਜਿੰਦ ਦੇ ਨਾਲ ਹੀ ਰਹਿੰਦਾ ਹੈ ਜਿੰਦ ਦੇ ਨਾਲ ਹੀ ਜਾਂਦਾ ਹੈ,
22859	511	ਪੂਰੇ ਗੁਰ ਤੇ ਪਾਈਐ ਮਨਮੁਖਿ ਪਲੈ ਨ ਪਾਇ॥		Poorae Gur Thae Paaeeai Manamukh Palai N Paae ||	It is obtained from the Perfect Guru; the self-willed manmukhs do not receive it.	ਇਹ ਧਨ ਪੂਰੇ ਗੁਰੂ ਤੋਂ ਮਿਲਦਾ ਹੈ, ਪਰ ਜੋ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ ਉਸ ਨੂੰ ਨਹੀਂ ਲੱਭਦਾ।
22860	511	ਧਨੁ ਵਾਪਾਰੀ ਨਾਨਕਾ ਜਿਨ੍ਹਾ ਨਾਮ ਧਨੁ ਖਟਿਆ ਆਇ॥੨॥	ਖੱਟਿਆ	Dhhan Vaapaaree Naanakaa Jinhaa Naam Dhhan Khattiaa Aae ||2||	Blessed are the traders, O Nanak, who have come to earn the wealth of the Naam. ||2||	ਹੇ ਨਾਨਕ! ਭਾਗਾਂ ਵਾਲੇ ਹਨ ਉਹ ਵਣਜਾਰੇ, ਜਿਨ੍ਹਾਂ ਜਗਤ ਵਿਚ ਆ ਕੇ ਪਰਮਾਤਮਾ ਦਾ ਨਾਮ ਰੂਪ ਧਨ ਖੱਟਿਆ ਹੈ ॥੨॥
22861	511	ਪਉੜੀ॥		Pourree ||	Pauree:	
22862	511	ਮੇਰਾ ਸਾਹਿਬੁ ਅਤਿ ਵਡਾ ਸਚੁ ਗਹਿਰ ਗੰਭੀਰਾ॥	(ਗਹਿਰ) ਅਤਾਹ। (ਗੰਭੀਰਾ) ਅਡੋਲ	Maeraa Saahib Ath Vaddaa Sach Gehir Ganbheeraa ||	My Master is so very great, true, profound and unfathomable.	ਮੇਰਾ ਮਾਲਕ ਪ੍ਰਭੂ ਬਹੁਤ ਹੀ ਵੱਡਾ ਹੈ, ਸਦਾ ਕਾਇਮ ਰਹਿਣ ਵਾਲਾ ਹੈ, ਡੂੰਘਾ ਹੈ ਤੇ ਧੀਰਜ ਵਾਲਾ ਹੈ,
22863	511	ਸਭੁ ਜਗੁ ਤਿਸ ਕੈ ਵਸਿ ਹੈ ਸਭੁ ਤਿਸ ਕਾ ਚੀਰਾ॥	(ਚੀਰਾ) ਫੱਟ। ਜੱਗੁ ਵੱਸਿ	Sabh Jag This Kai Vas Hai Sabh This Kaa Cheeraa ||	The whole world is under His power; everything is the projection of Him.	ਸਾਰਾ ਸੰਸਾਰ ਉਸ ਦੇ ਵੱਸ ਵਿਚ ਹੈ, ਸਾਰਾ ਜਗਤ ਉਸੇ ਦੇ ਆਸਰੇ ਹੈ।

22864	511	ਗੁਰ ਪਰਸਾਦੀ ਪਾਈਐ ਨਿਹਚਲੁ ਧਨੁ ਧੀਰਾ॥		Gur Parasaadhee Paaeeai Nihachal Dhhan Dhheeraa ||	By Guru's Grace, the eternal wealth is obtained, bringing peace and patience to the mind.	ਉਸ ਪ੍ਰਭੂ ਦਾ ਨਾਮ-ਧਨ ਸਦਾ ਕਾਇਮ ਰਹਿਣ ਵਾਲਾ ਹੈ, ਅਟੱਲ ਹੈ, ਤੇ ਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
22865	511	ਕਿਰਪਾ ਤੇ ਹਰਿ ਮਨਿ ਵਸੈ ਭੇਟੈ ਗੁਰੁ ਸੂਰਾ॥		Kirapaa Thae Har Man Vasai Bhaettai Gur Sooraa ||	By His Grace, the Lord dwells in the mind, and one meets the Brave Guru.	ਪ੍ਰਭੂ ਦੀ ਮਿਹਰ ਨਾਲ ਸੂਰਮਾ ਗੁਰੂ ਮਿਲਦਾ ਹੈ ਤੇ ਹਰਿ-ਨਾਮ ਮਨ ਵਿਚ ਵੱਸਦਾ ਹੈ,
22866	511	ਗੁਣਵੰਤੀ ਸਾਲਾਹਿਆ ਸਦਾ ਥਿਰੁ ਨਿਹਚਲੁ ਹਰਿ ਪੂਰਾ॥੭॥		Gunavanthee Saalaahiaa Sadhaa Thhir Nihachal Har Pooraa ||7||	The virtuous praise the ever-stable, permanent, perfect Lord. ||7||	ਉਸ ਸਦਾ-ਥਿਰ ਅਡੋਲ ਤੇ ਪੂਰੇ ਪ੍ਰਭੂ ਨੂੰ ਗੁਣ ਵਾਲਿਆਂ ਨੇ ਸਾਲਾਹਿਆ ਹੈ ॥੭॥
22867	511	ਸਲੋਕੁ ਮਃ ੩॥		Salok Ma 3 ||	Shalok, Third Mehl:	
22868	511	ਧ੍ਰਿਗੁ ਤਿਨ੍ਹਾ ਦਾ ਜੀਵਿਆ ਜੋ ਹਰਿ ਸੁਖੁ ਪਰਹਰਿ ਤਿਆਗਦੇ ਦੁਖੁ ਹਉਮੈ ਪਾਪ ਕਮਾਇ॥		Dhhrig Thinhaa Dhaa Jeeviaa Jo Har Sukh Parehar Thiaagadhae Dhukh Houmai Paap Kamaae ||	Cursed is the life of those who forsake and throw away the peace of the Lord's Name, and suffer pain instead by practicing ego and sin.	ਫਿਟੇ-ਮੂੰਹ ਉਹਨਾਂ ਦੇ ਜੀਊਣ ਨੂੰ, ਜੋ ਪਰਮਾਤਮਾ ਦੇ ਨਾਮ ਦਾ ਆਨੰਦ ਉੱਕਾ ਹੀ ਤਿਆਗ ਦੇਂਦੇ ਹਨ ਤੇ ਹਉਮੈ ਵਿਚ ਪਾਪ ਕਰ ਕੇ ਦੁਖ ਸਹੇੜਦੇ ਹਨ,

22869	511	ਮਨਮੁਖ ਅਗਿਆਨੀ ਮਾਇਆ ਮੋਹਿ ਵਿਆਪੇ ਤਿਨ੍ਹ ਬੂਝ ਨ ਕਾਈ ਪਾਇ॥	ਬੂੱਝ	Manamukh Agiaanee Maaeiaa Mohi Viaapae Thinh Boojh N Kaaee Paae ||	The ignorant self-willed manmukhs are engrossed in the love of Maya; they have no understanding at all.	ਅਜੇਹੇ ਜਾਹਲ ਮਨ ਦੇ ਪਿਛੇ ਤੁਰਦੇ ਹਨ, ਤੇ ਮਾਇਆ ਦੇ ਮੋਹ ਵਿਚ ਜਕੜੇ ਰਹਿੰਦੇ ਹਨ, ਉਹਨਾਂ ਨੂੰ ਕੋਈ ਮੱਤ ਨਹੀਂ ਹੁੰਦੀ।
22870	511	ਹਲਤਿ ਪਲਤਿ ਓਇ ਸੁਖੁ ਨ ਪਾਵਹਿ ਅੰਤਿ ਗਏ ਪਛੁਤਾਇ॥		Halath Palath Oue Sukh N Paavehi Anth Geae Pashhuthaae ||	In this world and in the world beyond, they do not find peace; in the end, they depart regretting and repenting.	ਉਹਨਾਂ ਨੂੰ ਨਾਹ ਇਸ ਲੋਕ ਵਿਚ ਨਾਹ ਪਰਲੋਕ ਵਿਚ ਕੋਈ ਸੁਖ ਮਿਲਦਾ ਹੈ, ਮਰਨ ਵੇਲੇ ਭੀ ਹੱਥ ਮਲਦੇ ਹੀ ਜਾਂਦੇ ਹਨ।
22871	511	ਗੁਰ ਪਰਸਾਦੀ ਕੋ ਨਾਮੁ ਧਿਆਏ ਤਿਸੁ ਹਉਮੈ ਵਿਚਹੁ ਜਾਇ॥		Gur Parasaadhee Ko Naam Dhhiaaeae This Houmai Vichahu Jaae ||	By Guru's Grace, one may meditate on the Naam, the Name of the Lord, and egotism departs from within him.	ਜੋ ਮਨੁੱਖ ਗੁਰੂ ਦੀ ਕਿਰਪਾ ਨਾਲ ਪ੍ਰਭੂ ਦਾ ਨਾਮ ਸਿਮਰਦਾ ਹੈ ਉਸ ਦੇ ਅੰਦਰੋਂ ਹਉਮੈ ਦੂਰ ਹੋ ਜਾਂਦੀ ਹੈ।
22872	511	ਨਾਨਕ ਜਿਸੁ ਪੂਰਬਿ ਹੋਵੈ ਲਿਖਿਆ ਸੋ ਗੁਰ ਚਰਣੀ ਆਇ ਪਾਇ॥੧॥		Naanak Jis Poorab Hovai Likhiaa So Gur Charanee Aae Paae ||1||	O Nanak, one who has such pre-ordained destiny, comes and falls at the Guru's Feet. ||1||	ਹੇ ਨਾਨਕ! ਜਿਸ ਦੇ ਮੱਥੇ ਤੇ ਧੁਰੋਂ ਭਾਗ ਹੋਵੇ ਉਹ ਮਨੁੱਖ ਸਤਿਗੁਰੂ ਦੀ ਚਰਨੀਂ ਆ ਪੈਂਦਾ ਹੈ ॥੧॥

22873	511	ਮਃ ੩॥		Ma 3 ||	Third Mehl:	
22874	511	ਮਨਮੁਖੁ ਊਧਾ ਕਉਲੁ ਹੈ ਨਾ ਤਿਸੁ ਭਗਤਿ ਨ ਨਾਉ॥	(ਊਧਾ) ਉਲਟਾ। (ਕਉਲੁ) ਕਮਲ	Manamukh Oodhhaa Koul Hai Naa This Bhagath N Naao ||	The self-willed manmukh is like the inverted lotus; he has neither devotional worship, nor the Lord's Name.	ਆਪ-ਹੁਦਰਾ ਮਨੁੱਖ (ਮਾਨੋ) ਉਲਟਾ ਕਉਲ-ਫੁੱਲ ਹੈ, ਇਸ ਵਿਚ ਨਾ ਭਗਤੀ ਹੈ ਤੇ ਨਾ ਸਿਮਰਨ,
22875	511	ਸਕਤੀ ਅੰਦਰਿ ਵਰਤਦਾ ਕੂੜੁ ਤਿਸ ਕਾ ਹੈ ਉਪਾਉ॥	(ਸਕਤੀ) ਮਾਇਆ	Sakathee Andhar Varathadhaa Koorr This Kaa Hai Oupaao ||	He remains engrossed in material wealth, and his efforts are false.	ਇਹ ਮਾਇਆ ਦੇ ਅਸਰ ਹੇਠ ਹੀ ਕਾਰ ਵਿਹਾਰ ਕਰਦਾ ਹੈ, ਕੂੜ (ਮਾਇਆ) ਹੀ ਇਸ ਦਾ ਪ੍ਰਯੋਜਨ (ਜ਼ਿੰਦਗੀ ਦਾ ਨਿਸ਼ਾਨਾ) ਹੈ,
22876	511	ਤਿਸ ਕਾ ਅੰਦਰੁ ਚਿਤੁ ਨ ਭਿਜਈ ਮੁਖਿ ਫੀਕਾ ਆਲਾਉ॥	(ਆਲਾਉ) ਬੋਲ	This Kaa Andhar Chith N Bhijee Mukh Feekaa Aalaao ||	His consciousness is not softened within, and the words from his mouth are insipid.	ਆਪ-ਹੁਦਰੇ ਮਨੁੱਖ ਦਾ ਅੰਦਰਲਾ ਭਿੱਜਦਾ ਨਹੀਂ, ਚਿੱਤ ਰੱਜਦਾ ਨਹੀਂ, ਮੂੰਹੋਂ ਭੀ ਫਿੱਕਾ ਬੋਲ ਹੀ ਬੋਲਦਾ ਹੈ।
22877	511	ਓਇ ਧਰਮਿ ਰਲਾਏ ਨਾ ਰਲਨਿ ਓਨਾ ਅੰਦਰਿ ਕੂੜੁ ਸੁਆਉ॥	(ਸੁਆਉ) ਸੁਆਰਥ ਜਾਂ ਸੁਆਦ	Oue Dhharam Ralaaeae Naa Ralanih Ounaa Andhar Koorr Suaao ||	He does not mingle with the righteous; within him are falsehood and selfishness.	ਐਸੇ ਬੰਦੇ ਧਰਮ ਵਿਚ ਜੋੜੇ ਜੁੜਦੇ ਨਹੀਂ ਕਿਉਂਕਿ ਉਹਨਾਂ ਦੇ ਅੰਦਰ ਕੂੜ ਤੇ ਖ਼ੁਦਗ਼ਰਜ਼ੀ ਹੈ।

22878	511	ਨਾਨਕ ਕਰਤੈ ਬਣਤ ਬਣਾਈ ਮਨਮੁਖ ਕੂੜੁ ਬੋਲਿ ਬੋਲਿ ਡੁਬੇ ਗੁਰਮੁਖਿ ਤਰੇ ਜਪਿ ਹਰਿ ਨਾਉ॥੨॥		Naanak Karathai Banath Banaaee Manamukh Koorr Bol Bol Ddubae Guramukh Tharae Jap Har Naao ||2||	O Nanak, the Creator Lord has arranged things, so that the self-willed manmukhs are drowned by telling lies, while the Gurmukhs are saved by chanting the Lord's Name. ||2||	ਹੇ ਨਾਨਕ! ਕਰਤਾਰ ਨੇ ਐਸੀ ਖੇਡ ਰਚੀ ਹੈ ਕਿ ਮਨ ਦੇ ਪਿਛੇ ਤੁਰਨ ਵਾਲੇ ਬੰਦੇ ਤਾਂ ਝੂਠ ਬੋਲ ਬੋਲ ਕੇ ਗ਼ਰਕ ਹੁੰਦੇ ਹਨ ਤੇ ਗੁਰੂ ਦੇ ਸਨਮੁਖ ਰਹਿਣ ਵਾਲੇ ਨਾਮ ਜਪ ਕੇ (ਸ਼ਕਤੀ ਦੇ ਹੜ੍ਹ ਵਿਚੋਂ) ਤਰ ਜਾਂਦੇ ਹਨ ॥੨॥
22879	511	ਪਉੜੀ॥		Pourree ||	Pauree:	
22880	511	ਬਿਨੁ ਬੂਝੇ ਵਡਾ ਫੇਰੁ ਪਇਆ ਫਿਰਿ ਆਵੈ ਜਾਈ॥	(ਫੇਰੁ) ਗੇੜਾ	Bin Boojhae Vaddaa Faer Paeiaa Fir Aavai Jaaee ||	Without understanding, one must wander around the cycle of reincarnation, and continue coming and going.	(ਇਹ ਗੱਲ) ਸਮਝਣ ਤੋਂ ਬਿਨਾ (ਕਿ 'ਗੁਰ ਪਰਸਾਦੀ ਪਾਈਐ', ਮਨੁੱਖ ਨੂੰ) ਜਨਮ ਮਰਨ ਦਾ ਲੰਮਾ ਚੱਕਰ ਲਾਣਾ ਪੈਂਦਾ ਹੈ,
22881	511	ਸਤਿਗੁਰ ਕੀ ਸੇਵਾ ਨ ਕੀਤੀਆ ਅੰਤਿ ਗਇਆ ਪਛੁਤਾਈ॥		Sathigur Kee Saevaa N Keetheeaa Anth Gaeiaa Pashhuthaaee ||	One who has not served the True Guru, shall depart regretting and repenting in the end.	ਮਨੁੱਖ ਮੁੜ ਮੁੜ ਜੰਮਦਾ ਮਰਦਾ ਹੈ, ਗੁਰੂ ਦੀ ਸੇਵਾ (ਸਾਰੀ ਉਮਰ ਹੀ) ਨਹੀਂ ਕਰਦਾ (ਭਾਵ, ਸਾਰੀ ਉਮਰ ਗੁਰੂ ਦੇ ਕਹੇ ਤੇ ਨਹੀਂ ਤੁਰਦਾ) ਆਖ਼ਰ (ਮਰਨ ਵੇਲੇ) ਹੱਥ ਮਲਦਾ ਜਾਂਦਾ ਹੈ।

22882	511	ਆਪਣੀ ਕਿਰਪਾ ਕਰੇ ਗੁਰੁ ਪਾਈਐ ਵਿਚਹੁ ਆਪੁ ਗਵਾਈ॥		Aapanee Kirapaa Karae Gur Paaeeai Vichahu Aap Gavaaee ||	But if the Lord shows His Mercy, one finds the Guru, and ego is banished from within.	ਜਦੋਂ ਪ੍ਰਭੂ ਆਪਣੀ ਮਿਹਰ ਕਰਦਾ ਹੈ ਤਾਂ ਗੁਰੂ ਮਿਲਦਾ ਹੈ, ਅੰਦਰੋਂ ਆਪਾ-ਭਾਵ ਦੂਰ ਹੁੰਦਾ ਹੈ,
22883	511	ਤ੍ਰਿਸਨਾ ਭੁਖ ਵਿਚਹੁ ਉਤਰੈ ਸੁਖੁ ਵਸੈ ਮਨਿ ਆਈ॥		Thrisanaa Bhukh Vichahu Outharai Sukh Vasai Man Aaee ||	Hunger and thirst depart from within, and peace comes to dwell in the mind.	ਮਾਇਆ ਦੀ ਤ੍ਰਿਸਨਾ ਭੁੱਖ ਵਿਚੋਂ ਉਤਰਦੀ ਹੈ, ਮਨ ਵਿਚ ਸੁਖ ਆ ਵੱਸਦਾ ਹੈ,
22884	511	ਸਦਾ ਸਦਾ ਸਾਲਾਹੀਐ ਹਿਰਦੈ ਲਿਵ ਲਾਈ॥੮॥		Sadhaa Sadhaa Saalaaheeai Hiradhai Liv Laaee ||8||	Forever and ever, praise Him with love in your heart. ||8||	ਤੇ ਸੁਰਤਿ ਜੋੜ ਕੇ ਸਦਾ ਹਿਰਦੇ ਵਿਚ ਪ੍ਰਭੂ ਸਿਮਰਿਆ ਜਾ ਸਕਦਾ ਹੈ ॥੮॥
22885	511	ਸਲੋਕੁ ਮਃ ੩॥		Salok Ma 3 ||	Shalok, Third Mehl:	
22886	511	ਜਿ ਸਤਿਗੁਰੁ ਸੇਵੇ ਆਪਣਾ ਤਿਸ ਨੋ ਪੂਜੇ ਸਭੁ ਕੋਇ॥		J Sathigur Saevae Aapanaa This No Poojae Sabh Koe ||	One who serves his True Guru, is worshipped by everyone.	ਜੋ ਮਨੁੱਖ ਆਪਣੇ ਗੁਰੂ ਦੇ ਕਹੇ ਤੇ ਤੁਰਦਾ ਹੈ, ਹਰੇਕ ਬੰਦਾ ਉਸ ਦਾ ਆਦਰ ਕਰਦਾ ਹੈ,
22887	511	ਸਭਨਾ ਉਪਾਵਾ ਸਿਰਿ ਉਪਾਉ ਹੈ ਹਰਿ ਨਾਮੁ ਪਰਾਪਤਿ ਹੋਇ॥		Sabhanaa Oupaavaa Sir Oupaao Hai Har Naam Paraapath Hoe ||	Of all efforts, the supreme effort is the attainment of the Lord's Name.	ਸੋ, (ਜਗਤ ਵਿਚ ਭੀ ਮਾਣ ਹਾਸਲ ਕਰਨ ਲਈ) ਸਾਰੇ ਉਪਾਵਾਂ ਤੋਂ ਵੱਡਾ ਉਪਾਉ ਇਹੀ ਹੈ ਕਿ ਪ੍ਰਭੂ ਦਾ ਨਾਮ ਮਿਲ ਜਾਏ,

22888	511	ਅੰਤਰਿ ਸੀਤਲ ਸਾਤਿ ਵਸੈ ਜਪਿ ਹਿਰਦੈ ਸਦਾ ਸੁਖੁ ਹੋਇ॥	ਸਾਂਤਿ-ਵਸੈ :ਪੋਲੇ	Anthar Seethal Saath Vasai Jap Hiradhai Sadhaa Sukh Hoe ||	Peace and tranquility come to dwell within the mind; meditating within the heart, there comes a lasting peace.	'ਨਾਮ' ਜਪਿਆਂ ਸਦਾ ਹਿਰਦੇ ਵਿਚ ਸੁਖ ਹੁੰਦਾ ਹੈ, ਮਨ ਵਿਚ ਠੰਢ ਤੇ ਸ਼ਾਂਤੀ ਆ ਵੱਸਦੀ ਹੈ,
22889	511	ਅੰਮ੍ਰਿਤੁ ਖਾਣਾ ਅੰਮ੍ਰਿਤੁ ਪੈਨਣਾ ਨਾਨਕ ਨਾਮੁ ਵਡਾਈ ਹੋਇ॥੧॥		Anmrith Khaanaa Anmrith Painanaa Naanak Naam Vaddaaee Hoe ||1||	The Ambrosial Amrit is his food, and the Ambrosial Amrit is his clothes; O Nanak, through the Naam, the Name of the Lord, greatness is obtained. ||1||	ਤਦ 'ਨਾਮ' ਹੀ ਖ਼ੁਰਾਕ ਤੇ ਪੁਸ਼ਾਕ ਬਣ ਜਾਂਦੀ ਹੈ (ਭਾਵ, ਪ੍ਰਭੂ ਦਾ ਨਾਮ ਹੀ ਜ਼ਿੰਦਗੀ ਦਾ ਆਸਰਾ ਹੋ ਜਾਂਦਾ ਹੈ) ਹੇ ਨਾਨਕ! ਨਾਮ ਹੀ ਉਸ ਲਈ ਆਦਰ ਮਾਣ ਹੈ ॥੧॥
22890	511	ਮਃ ੩॥		Ma 3 ||	Third Mehl:	
22891	511	ਏ ਮਨ ਗੁਰ ਕੀ ਸਿਖ ਸੁਣਿ ਹਰਿ ਪਾਵਹਿ ਗੁਣੀ ਨਿਧਾਨੁ॥		Eae Man Gur Kee Sikh Sun Har Paavehi Gunee Nidhhaan ||	O mind, listen to the Guru's Teachings, and you shall obtain the treasure of virtue.	ਹੇ ਮੇਰੇ ਮਨ! ਸਤਿਗੁਰੂ ਦੀ ਸਿੱਖਿਆ ਸੁਣ (ਭਾਵ, ਸਿੱਖਿਆ ਤੇ ਤੁਰ) ਤੈਨੂੰ ਗੁਣਾਂ ਦਾ ਖ਼ਜ਼ਾਨਾ ਪ੍ਰਭੂ ਮਿਲ ਪਏਗਾ;
22892	512	ਹਰਿ ਸੁਖਦਾਤਾ ਮਨਿ ਵਸੈ ਹਉਮੈ ਜਾਇ ਗੁਮਾਨੁ॥		Har Sukhadhaathaa Man Vasai Houmai Jaae Gumaan ||	The Lord, the Giver of peace, shall dwell in your mind, and your egotism and pride shall depart.	ਸੁਖਾਂ ਦਾ ਦਾਤਾ ਪਰਮਾਤਮਾ ਮਨ ਵਿਚ ਆ ਵੱਸੇਗਾ, ਹਉਮੈ ਅਹੰਕਾਰ ਨਾਸ ਹੋ ਜਾਇਗਾ।

22893	512	ਨਾਨਕ ਨਦਰੀ ਪਾਈਐ ਤਾ ਅਨ ਦਿਨੁ ਲਾਗੈ ਧਿਆਨੁ॥੨॥		Naanak Nadharee Paaeeai Thaa Anadhin Laagai Dhhiaan ||2||	O Nanak, when the Lord bestows His Glance of Grace, then, night and day, one centers his meditation on the Lord. ||2||	ਹੇ ਨਾਨਕ! ਜਦੋਂ ਪ੍ਰਭੂ ਆਪਣੀ ਮਿਹਰ ਦੀ ਨਜ਼ਰ ਨਾਲ ਮਿਲਦਾ ਹੈ ਤਾਂ ਹਰ ਵੇਲੇ ਸੁਰਤਿ ਉਸ ਵਿਚ ਜੁੜੀ ਰਹਿੰਦੀ ਹੈ ॥੨॥
22894	512	ਪਉੜੀ॥		Pourree ||	Pauree:	
22895	512	ਸਤੁ ਸੰਤੋਖੁ ਸਭੁ ਸਚੁ ਹੈ ਗੁਰਮੁਖਿ ਪਵਿਤਾ॥	ਪਵਿੱਤਾ	Sath Santhokh Sabh Sach Hai Guramukh Pavithaa ||	The Gurmukh is totally truthful, content and pure.	ਜੋ ਮਨੁੱਖ ਗੁਰੂ ਦਾ ਹੋ ਕੇ ਰਹਿੰਦਾ ਹੈ ਉਹ ਪਵਿਤ੍ਰ (ਜੀਵਨ ਵਾਲਾ) ਹੋ ਜਾਂਦਾ ਹੈ, ਉਸ ਨੂੰ ਸਤ ਸੰਤੋਖ ਪ੍ਰਾਪਤ ਹੁੰਦਾ ਹੈ,
22896	512	ਅੰਦਰਹੁ ਕਪਟੁ ਵਿਕਾਰੁ ਗਇਆ ਮਨੁ ਸਹਜੇ ਜਿਤਾ॥	ਜਿੱਤਾ	Andharahu Kapatt Vikaar Gaeiaa Man Sehajae Jithaa ||	Deception and wickedness have departed from within him, and he easily conquers his mind.	ਉਸ ਦੇ ਮਨ ਵਿਚੋਂ ਖੋਟ ਤੇ ਵਿਕਾਰ ਦੂਰ ਹੋ ਜਾਂਦਾ ਹੈ, ਉਹ ਸੌਖੇ ਹੀ ਮਨ ਨੂੰ ਵੱਸ ਕਰ ਲੈਂਦਾ ਹੈ;
22897	512	ਤਹ ਜੋਤਿ ਪ੍ਰਗਾਸੁ ਅਨੰਦ ਰਸੁ ਅਗਿਆਨੁ ਗਵਿਤਾ॥		Theh Joth Pragaas Anandh Ras Agiaan Gavithaa ||	There, the Divine Light and the essence of bliss are manifest, and ignorance is eliminated.	ਇਸ ਅਵਸਥਾ ਵਿਚ (ਅੱਪੜ ਕੇ ਉਸ ਦੇ ਅੰਦਰ ਪਰਮਾਤਮਾ ਦੀ) ਜੋਤਿ ਦਾ ਪ੍ਰਕਾਸ਼ ਹੋ ਜਾਂਦਾ ਹੈ,

22898	512	ਅਨ ਦਿਨੁ ਹਰਿ ਕੇ ਗੁਣ ਰਵੈ ਗੁਣ ਪਰਗਟੁ ਕਿਤਾ॥		Anadhin Har Kae Gun Ravai Gun Paragatt Kithaa ||	Night and day, he sings the Glorious Praises of the Lord, and manifests the excellence of the Lord.	(ਫਿਰ) ਉਹ ਹਰ ਵੇਲੇ ਪਰਮਾਤਮਾ ਦੇ ਗੁਣ ਗਾਉਂਦਾ ਹੈ, (ਰੱਬੀ) ਗੁਣ ਉਸ ਦੇ ਅੰਦਰ ਪਰਗਟ ਹੋ ਜਾਂਦੇ ਹਨ;
22899	512	ਸਭਨਾ ਦਾਤਾ ਏਕੁ ਹੈ ਇਕੋ ਹਰਿ ਮਿਤਾ॥੯॥	ਮਿੱਤਾ	Sabhanaa Dhaathaa Eaek Hai Eiko Har Mithaa ||9||	The One Lord is the Giver of all; the Lord alone is our friend. ||9||	(ਉਸ ਨੂੰ ਇਹ ਯਕੀਨ ਬਣ ਜਾਂਦਾ ਹੈ ਕਿ) ਇਕ ਪ੍ਰਭੂ ਸਾਰੇ ਜੀਵਾਂ ਦਾ ਦਾਤਾ ਹੈ ਤੇ ਮਿੱਤਰ ਹੈ ॥੯॥
22900	512	ਸਲੋਕੁ ਮਃ ੩॥		Salok Ma 3 ||	Shalok, Third Mehl:	
22901	512	ਬ੍ਰਹਮੁ ਬਿੰਦੇ ਸੋ ਬ੍ਰਾਹਮਣੁ ਕਹੀਐ ਜਿ ਅਨ ਦਿਨੁ ਹਰਿ ਲਿਵ ਲਾਏ॥		Breham Bindhae So Braahaman Keheeai J Anadhin Har Liv Laaeae ||	One who understands God, who lovingly centers his mind on the Lord night and day, is called a Brahmin.	ਜੋ ਮਨੁੱਖ ਬ੍ਰਹਮ ਨੂੰ ਬਿੰਦਦਾ ਹੈ (ਪਰਮਾਤਮਾ ਨੂੰ ਪਛਾਣਦਾ ਹੈ) ਜੋ ਹਰ ਵੇਲੇ ਪਰਮਾਤਮਾ ਵਿਚ ਸੁਰਤਿ ਜੋੜਦਾ ਹੈ, ਉਸ ਨੂੰ ਬ੍ਰਾਹਮਣ ਕਹਿਣਾ ਚਾਹੀਦਾ ਹੈ,
22902	512	ਸਤਿਗੁਰ ਪੁਛੈ ਸਚੁ ਸੰਜਮੁ ਕਮਾਵੈ ਹਉਮੈ ਰੋਗੁ ਤਿਸੁ ਜਾਏ॥		Sathigur Pushhai Sach Sanjam Kamaavai Houmai Rog This Jaaeae ||	Consulting the True Guru, he practices Truth and self-restraint, and he is rid of the disease of ego.	(ਉਹ ਬ੍ਰਾਹਮਣ) ਸਤਿਗੁਰੂ ਦੇ ਕਹੇ ਤੇ ਤੁਰਦਾ ਹੈ 'ਸੱਚ' ਰੂਪ ਸੰਜਮ ਰੱਖਦਾ ਹੈ, (ਤੇ ਇਸ ਤਰ੍ਹਾਂ) ਉਸ ਦਾ ਹਉਮੈ-ਰੋਗ ਦੂਰ ਹੁੰਦਾ ਹੈ;

22903	512	ਹਰਿ ਗੁਣ ਗਾਵੈ ਗੁਣ ਸੰਗ੍ਰਹੈ ਜੋਤੀ ਜੋਤਿ ਮਿਲਾਏ॥		Har Gun Gaavai Gun Sangrehai Jothee Joth Milaaeae ||	He sings the Glorious Praises of the Lord, and gathers in His Praises; his light is blended with the Light.	ਉਹ ਹਰੀ ਦੇ ਗੁਣ ਗਾਉਂਦਾ ਹੈ, (ਰੱਬੀ) ਗੁਣ ਇਕੱਤ੍ਰ ਕਰਦਾ ਹੈ ਤੇ ਪਰਮ-ਜੋਤਿ ਵਿਚ ਆਪਣੀ ਆਤਮਾ ਮਿਲਾਈ ਰੱਖਦਾ ਹੈ।
22904	512	ਇਸੁ ਜੁਗ ਮਹਿ ਕੋ ਵਿਰਲਾ ਬ੍ਰਹਮਗਿਆਨੀ ਜਿ ਹਉਮੈ ਮੇਟਿ ਸਮਾਏ॥	ਜੁੱਗ	Eis Jug Mehi Ko Viralaa Breham Giaanee J Houmai Maett Samaaeae ||	In this world, one who knows God is very rare; eradicating ego, he is absorbed in God.	ਮਨੁੱਖ ਜਨਮ ਵਿਚ ਕੋਈ ਵਿਰਲਾ ਬ੍ਰਹਮ ਨੂੰ ਜਾਣਨ ਵਾਲਾ ਹੈ ਜੋ ਹਉਮੈ ਦੂਰ ਕਰ ਕੇ ਬ੍ਰਹਮ ਵਿਚ ਜੁੜਿਆ ਰਹਿੰਦਾ ਹੈ।
22905	512	ਨਾਨਕ ਤਿਸ ਨੋ ਮਿਲਿਆ ਸਦਾ ਸੁਖੁ ਪਾਈਐ ਜਿ ਅਨ ਦਿਨੁ ਹਰਿ ਨਾਮੁ ਧਿਆਏ॥੧॥		Naanak This No Miliaa Sadhaa Sukh Paaeeai J Anadhin Har Naam Dhhiaaeae ||1||	O Nanak, meeting him, peace is obtained; night and day, he meditates on the Lord's Name. ||1||	ਹੇ ਨਾਨਕ! ਜੋ (ਬ੍ਰਹਮਗਿਆਨੀ ਬ੍ਰਾਹਮਣ) ਹਰ ਵੇਲੇ ਨਾਮ ਸਿਮਰਦਾ ਹੈ ਉਸ ਨੂੰ ਮਿਲਿਆਂ ਸਦਾ ਸੁਖ ਮਿਲਦਾ ਹੈ ॥੧॥
22906	512	ਮਃ ੩॥		Ma 3 ||	Third Mehl:	

22907	512	ਅੰਤਰਿ ਕਪਟੁ ਮਨਮੁਖ ਅਗਿਆਨੀ ਰਸਨਾ ਝੂਠੁ ਬੋਲਾਇ॥		Anthar Kapatt Manamukh Agiaanee Rasanaa Jhooth Bolaae ||	Within the ignorant self-willed manmukh is deception; with his tongue, he speaks lies.	ਆਪਣੇ ਮਨ ਦੇ ਪਿਛੇ ਤੁਰਨ ਵਾਲਾ ਮਨੁੱਖ ਜਾਹਲ ਹੈ, ਉਸ ਦੇ ਅੰਦਰ ਖੋਟ ਹੈ ਤੇ ਜੀਭ ਨਾਲ ਝੂਠ (ਭਾਵ, ਅੰਦਰਲੇ ਖੋਟ ਦੇ ਉਲਟ) ਬੋਲਦਾ ਹੈ (ਭਾਵ, ਅੰਦਰੋਂ ਹੋਰ ਤੇ ਬਾਹਰੋਂ ਹੋਰ);
22908	512	ਕਪਟਿ ਕੀਤੈ ਹਰਿ ਪੁਰਖੁ ਨ ਭੀਜੈ ਨਿਤ ਵੇਖੈ ਸੁਣੈ ਸੁਭਾਇ॥	(ਭੀਜੈ) ਪ੍ਰਸੰਨ	Kapatt Keethai Har Purakh N Bheejai Nith Vaekhai Sunai Subhaae ||	Practicing deception, he does not please the Lord God, who always sees and hears with natural ease.	(ਇਸ ਤਰ੍ਹਾਂ) ਠੱਗੀ ਕੀਤਿਆਂ ਪਰਮਾਤਮਾ ਪ੍ਰਸੰਨ ਨਹੀਂ ਹੁੰਦਾ, (ਕਿਉਂਕਿ) ਉਹ ਸੁਤੇ ਹੀ (ਅਸਾਡਾ ਹਰੇਕ ਲੁਕਵਾਂ ਕੰਮ ਭੀ) ਵੇਖਦਾ ਹੈ ਤੇ (ਲੁਕਵਾਂ ਬੋਲ ਤੇ ਖ਼ਿਆਲ ਭੀ) ਸੁਣਦਾ ਹੈ।
22909	512	ਦੂਜੈ ਭਾਇ ਜਾਇ ਜਗੁ ਪਰਬੋਧੈ ਬਿਖੁ ਮਾਇਆ ਮੋਹ ਸੁਆਇ॥	(ਪਰਬੋਧੈ) ਉਪਦੇਸ਼	Dhoojai Bhaae Jaae Jag Parabodhhai Bikh Maaeiaa Moh Suaae ||	In the love of duality, he goes to instruct the world, but he is engrossed in the poison of Maya and attachment to pleasure.	(ਮਨਮੁਖ) ਆਪ ਮਾਇਆ ਦੇ ਮੋਹ ਵਿਚ ਹੈ ਪਰ ਜਾ ਕੇ ਲੋਕਾਂ ਨੂੰ ਉਪਦੇਸ਼ ਕਰਦਾ ਹੈ; ਜ਼ਹਿਰੀਲੀ ਧਨ-ਦੌਲਤ ਦੇ ਮੋਹ ਅਤੇ ਸੁਆਦ ਅੰਦਰ ਉਹ ਖੱਚਤ ਹੋ ਰਿਹਾ ਹੈ।
22910	512	ਇਤੁ ਕਮਾਣੈ ਸਦਾ ਦੁਖੁ ਪਾਵੈ ਜੰਮੈ ਮਰੈ ਫਿਰਿ ਆਵੈ ਜਾਇ॥		Eith Kamaanai Sadhaa Dhukh Paavai Janmai Marai Fir Aavai Jaae ||	By doing so, he suffers in constant pain; he is born and then dies, and comes and goes again and again.	ਇਹ ਕਰਤੂਤ ਕੀਤਿਆਂ ਉਹ ਸਦਾ ਦੁੱਖ ਪਾਂਦਾ ਹੈ, ਜੰਮਦਾ ਹੈ, ਮਰਦਾ ਹੈ, ਮੁੜ ਜੰਮਦਾ ਹੈ ਮਰਦਾ ਹੈ,

22911	512	ਸਹਸਾ ਮੂਲਿ ਨ ਚੁਕਈ ਵਿਚਿ ਵਿਸਟਾ ਪਚੈ ਪਚਾਇ॥		Sehasaa Mool N Chukee Vich Visattaa Pachai Pachaae ||	His doubts do not leave him at all, and he rots away in manure.	ਉਸ ਦਾ ਅੰਦਰਲਾ ਤੌਖਲਾ ਕਦੇ ਮਿਟਦਾ ਹੀ ਨਹੀਂ, ਉਹ ਮਾਨੋ, ਮੈਲੇ ਵਿਚ ਪਿਆ ਸੜਦਾ ਰਹਿੰਦਾ ਹੈ।
22912	512	ਜਿਸ ਨੋ ਕ੍ਰਿਪਾ ਕਰੇ ਮੇਰਾ ਸੁਆਮੀ ਤਿਸੁ ਗੁਰ ਕੀ ਸਿਖ ਸੁਣਾਇ॥	ਸਿੱਖ	Jis No Kirapaa Karae Maeraa Suaamee This Gur Kee Sikh Sunaae ||	One, unto whom my Lord Master shows His Mercy, listens to the Guru's Teachings.	ਪਰ, ਜਿਸ ਮਨੁੱਖ ਉਤੇ ਮੇਰਾ ਮਾਲਕ ਮਿਹਰ ਕਰਦਾ ਹੈ ਉਸ ਨੂੰ ਗੁਰੂ ਦਾ ਉਪਦੇਸ਼ ਸੁਣਾਂਦਾ ਹੈ;
22913	512	ਹਰਿ ਨਾਮੁ ਧਿਆਵੈ ਹਰਿ ਨਾਮੋ ਗਾਵੈ ਹਰਿ ਨਾਮੋ ਅੰਤਿ ਛਡਾਇ॥੨॥		Har Naam Dhhiaavai Har Naamo Gaavai Har Naamo Anth Shhaddaae ||2||	He meditates on the Lord's Name, and sings the Lord's Name; in the end, the Lord's Name will deliver him. ||2||	ਉਹ ਮਨੁੱਖ ਪ੍ਰਭੂ ਦਾ ਨਾਮ ਸਿਮਰਦਾ ਹੈ, ਨਾਮ ਹੀ ਗਾਉਂਦਾ ਹੈ, ਨਾਮ ਹੀ ਉਸ ਨੂੰ ਆਖ਼ਰ (ਇਸ ਸਹਸੇ ਤੋਂ) ਛੁਡਾਂਦਾ ਹੈ ॥੨॥
22914	512	ਪਉੜੀ॥		Pourree ||	Pauree:	
22915	512	ਜਿਨਾ ਹੁਕਮੁ ਮਨਾਇਓਨੁ ਤੇ ਪੂਰੇ ਸੰਸਾਰਿ॥		Jinaa Hukam Manaaeioun Thae Poorae Sansaar ||	Those who obey the Hukam of the Lord's Command, are the perfect persons in the world.	ਉਹ ਮਨੁੱਖ ਜਗਤ ਵਿਚ ਪੂਰੇ ਭਾਂਡੇ ਹਨ ਜਿਨ੍ਹਾਂ ਤੋਂ ਪਰਮਾਤਮਾ (ਆਪਣਾ) ਹੁਕਮ ਮਨਾਂਦਾ ਹੈ,

22916	512	ਸਾਹਿਬੁ ਸੇਵਨਿ ਆਪਣਾ ਪੂਰੈ ਸਬਦਿ ਵੀਚਾਰਿ॥		Saahib Saevanih Aapanaa Poorai Sabadh Veechaar ||	They serve their Lord Master, and reflect upon the Perfect Word of the Shabad.	ਉਹ ਬੰਦੇ ਪੂਰੇ ਗੁਰੂ ਦੇ ਸ਼ਬਦ ਵਿਚ ਚਿੱਤ ਜੋੜ ਕੇ ਆਪਣੇ ਮਾਲਕ ਦੀ ਬੰਦਗੀ ਕਰਦੇ ਹਨ,
22917	512	ਹਰਿ ਕੀ ਸੇਵਾ ਚਾਕਰੀ ਸਚੈ ਸਬਦਿ ਪਿਆਰਿ॥		Har Kee Saevaa Chaakaree Sachai Sabadh Piaar ||	They serve the Lord, and love the True Word of the Shabad.	ਪ੍ਰਭੂ ਦੀ ਬੰਦਗੀ ਹੋ ਹੀ ਤਾਂ ਸਕਦੀ ਹੈ ਜੇ ਸੱਚੇ ਸ਼ਬਦ ਵਿਚ ਪਿਆਰ ਪਾਈਏ, (ਲਫ਼ਜ਼ੀ-ਸੱਚੇ ਸ਼ਬਦ ਵਿਚ ਪਿਆਰ ਦੀ ਰਾਹੀਂ)।
22918	512	ਹਰਿ ਕਾ ਮਹਲੁ ਤਿਨੀ ਪਾਇਆ ਜਿਨ ਹਉਮੈ ਵਿਚਹੁ ਮਾਰਿ॥		Har Kaa Mehal Thinhee Paaeiaa Jinh Houmai Vichahu Maar ||	They attain the Mansion of the Lord's Presence, as they eradicate egotism from within.	ਜੋ ਮਨੁੱਖ ਅੰਦਰੋਂ ਹਉਮੈ ਨੂੰ ਮਾਰਦੇ ਹਨ ਉਹਨਾਂ ਨੂੰ ਪਰਮਾਤਮਾ ਦੀ ਹਜ਼ੂਰੀ ਪ੍ਰਾਪਤ ਹੁੰਦੀ ਹੈ।
22919	512	ਨਾਨਕ ਗੁਰਮੁਖਿ ਮਿਲਿ ਰਹੇ ਜਪਿ ਹਰਿ ਨਾਮਾ ਉਰ ਧਾਰਿ॥੧੦॥		Naanak Guramukh Mil Rehae Jap Har Naamaa Our Dhhaar ||10||	O Nanak, the Gurmukhs remain united with Him, chanting the Name of the Lord, and enshrining it within their hearts. ||10||	ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ ਪਰਮਾਤਮਾ ਦਾ ਨਾਮ ਹਿਰਦੇ ਵਿਚ ਪਰੋ ਕੇ ਤੇ ਨਾਮ ਜਪ ਕੇ ਪਰਮਾਤਮਾ ਵਿਚ ਜੁੜੇ ਰਹਿੰਦੇ ਹਨ ॥੧੦॥
22920	512	ਸਲੋਕੁ ਮਃ ੩॥		Salok Ma 3 ||	Shalok, Third Mehl:	

22921	512	ਗੁਰਮੁਖਿ ਧਿਆਨ ਸਹਜ ਧੁਨਿ ਉਪਜੈ ਸਚਿ ਨਾਮਿ ਚਿਤੁ ਲਾਇਆ॥		Guramukh Dhhiaan Sehaj Dhhun Oupajai Sach Naam Chith Laaeiaa ||	The Gurmukh meditates on the Lord; the celestial sound-current resounds within him, and he focuses his consciousness on the True Name.	ਜੋ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਸ ਦੇ ਅੰਦਰ ਜੁੜੀ-ਸੁਰਤ ਤੇ ਅਡੋਲਤਾ ਦੀ ਰੌ ਚੱਲ ਪੈਂਦੀ ਹੈ, ਉਹ ਸੱਚੇ ਨਾਮ ਵਿਚ ਚਿੱਤ ਜੋੜੀ ਰੱਖਦਾ ਹੈ,
22922	512	ਗੁਰਮੁਖਿ ਅਨ ਦਿਨੁ ਰਹੈ ਰੰਗਿ ਰਾਤਾ ਹਰਿ ਕਾ ਨਾਮੁ ਮਨਿ ਭਾਇਆ॥		Guramukh Anadhin Rehai Rang Raathaa Har Kaa Naam Man Bhaaeiaa ||	The Gurmukh remains imbued with the Lord's Love, night and day; his mind is pleased with the Name of the Lord.	ਗੁਰੂ ਦੇ ਸਨਮੁਖ ਮਨੁੱਖ ਹਰ ਵੇਲੇ ਪ੍ਰਭੂ ਦੇ ਨਾਮ ਵਿੱਚ ਮਸਤ ਰਹਿੰਦਾ ਹੈ ਤੇ ਉਸ ਦੇ ਮਨ ਨੂੰ ਪ੍ਰਭੂ ਮਿੱਠਾ ਲੱਗਦਾ ਹੈ।
22923	512	ਗੁਰਮੁਖਿ ਹਰਿ ਵੇਖਹਿ ਗੁਰਮੁਖਿ ਹਰਿ ਬੋਲਹਿ ਗੁਰਮੁਖਿ ਹਰਿ ਸਹਜਿ ਰੰਗੁ ਲਾਇਆ॥		Guramukh Har Vaekhehi Guramukh Har Bolehi Guramukh Har Sehaj Rang Laaeiaa ||	The Gurmukh beholds the Lord, the Gurmukh speaks of the Lord, and the Gurmukh naturally loves the Lord.	ਗੁਰਮੁਖ ਬੰਦੇ ਰੱਬ ਨੂੰ ਹੀ (ਹਰ ਥਾਂ) ਵੇਖਦੇ ਹਨ, ਰੱਬ ਦੀ ਸਿਫ਼ਤ ਹੀ (ਹਰ ਵੇਲੇ) ਉਚਾਰਦੇ ਹਨ, ਤੇ ਰੱਬੀ ਮੇਲ ਵਾਲੀ ਅਡੋਲਤਾ ਵਿਚ ਪਿਆਰ ਪਾਂਦੇ ਹਨ।

22924	512	ਨਾਨਕ ਗੁਰਮੁਖਿ ਗਿਆਨੁ ਪਰਾਪਤਿ ਹੋਵੈ ਤਿਮਰ ਅਗਿਆਨੁ ਅਧੇਰੁ ਚੁਕਾਇਆ॥	(ਤਿਮਰ) ਹਨੇਰਾ	Naanak Guramukh Giaan Paraapath Hovai Thimar Agiaan Adhhaer Chukaaeiaa ||	O Nanak, the Gurmukh attains spiritual wisdom, and the pitch-black darkness of ignorance is dispelled.	ਹੇ ਨਾਨਕ! ਗੁਰਮੁਖ ਨੂੰ ਉੱਚੀ ਸਮਝ ਪ੍ਰਾਪਤ ਹੁੰਦੀ ਹੈ, ਉਸ ਦਾ ਅਗਿਆਨ-ਰੂਪ ਘੁੱਪ ਹਨੇਰਾ ਦੂਰ ਹੋ ਜਾਂਦਾ ਹੈ;
22925	512	ਜਿਸ ਨੋ ਕਰਮੁ ਹੋਵੈ ਧੁਰਿ ਪੂਰਾ ਤਿਨਿ ਗੁਰਮੁਖਿ ਹਰਿ ਨਾਮੁ ਧਿਆਇਆ॥੧॥		Jis No Karam Hovai Dhhur Pooraa Thin Guramukh Har Naam Dhhiaaeiaa ||1||	One who is blessed by the Perfect Lord's Grace - as Gurmukh, he meditates on the Lord's Name. ||1||	ਉਸੇ ਗੁਰਮੁਖ ਨੇ ਨਾਮ ਜਪਿਆ ਹੈ ਜਿਸ ਉਤੇ ਧੁਰੋਂ (ਕਰਤਾਰ ਵਲੋਂ) ਪੂਰੀ ਮਿਹਰ ਹੋਈ ਹੈ ॥੧॥
22926	512	ਮਃ ੩॥		Ma 3 ||	Third Mehl:	
22927	512	ਸਤਿਗੁਰੁ ਜਿਨਾ ਨ ਸੇਵਿਓ ਸਬਦਿ ਨ ਲਗੋ ਪਿਆਰੁ॥		Sathigur Jinaa N Saeviou Sabadh N Lago Piaar ||	Those who do not serve the True Guru do not embrace love for the Word of the Shabad.	ਜਿਨ੍ਹਾਂ ਮਨੁੱਖਾਂ ਨੇ ਗੁਰੂ ਦਾ ਹੁਕਮ ਨਹੀਂ ਮੰਨਿਆ, ਤੇ ਜਿਨ੍ਹਾਂ ਦਾ ਗੁਰ-ਸ਼ਬਦ ਵਿਚ ਪਿਆਰ ਨਹੀਂ ਬਣਿਆ,
22928	512	ਸਹਜੇ ਨਾਮੁ ਨ ਧਿਆਇਆ ਕਿਤੁ ਆਇਆ ਸੰਸਾਰਿ॥		Sehajae Naam N Dhhiaaeiaa Kith Aaeiaa Sansaar ||	They do not meditate on the Celestial Naam, the Name of the Lord - why did they even bother to come into the world?	ਅਤੇ ਜਿਨ੍ਹਾਂ ਸ਼ਾਂਤ-ਚਿੱਤ ਹੋ ਕੇ ਨਾਮ ਨਹੀਂ ਸਿਮਰਿਆ, ਉਹ ਜਗਤ ਵਿਚ ਕਾਹਦੇ ਲਈ ਆਏ?

22929	512	ਫਿਰਿ ਫਿਰਿ ਜੂਨੀ ਪਾਈਐ ਵਿਸਟਾ ਸਦਾ ਖੁਆਰੁ॥		Fir Fir Joonee Paaeeai Visattaa Sadhaa Khuaar ||	Time and time again, they are reincarnated, and they rot away forever in manure.	ਅਜੇਹਾ ਬੰਦਾ ਮੁੜ ਮੁੜ ਜੂਨ ਵਿਚ ਪੈਂਦਾ ਹੈ, ਉਹ ਮਾਨੋ, ਮੈਲੇ ਵਿਚ ਪੈ ਕੇ ਦੁਖੀ ਹੋ ਰਿਹਾ ਹੈ।
22930	512	ਕੂੜੈ ਲਾਲਚਿ ਲਗਿਆ ਨਾ ਉਰਵਾਰੁ ਨ ਪਾਰੁ॥	ਲੱਗਿਆ	Koorrai Laalach Lagiaa Naa Ouravaar N Paar ||	They are attached to false greed; they are not on this shore, nor on the one beyond.	(ਗੁਰੂ ਤੇ ਪਰਮਾਤਮਾ ਨੂੰ ਵਿਸਾਰ ਕੇ) ਝੂਠੇ-ਲਾਲਚ ਵਿਚ ਫਸਿਆਂ ਨਾ ਉਰਲਾ ਬੰਨਾ ਲੱਭਦਾ ਹੈ ਤੇ ਨਾ ਹੀ ਪਰਲਾ ਬੰਨਾ।
22931	513	ਨਾਨਕ ਗੁਰਮੁਖਿ ਉਬਰੇ ਜਿ ਆਪਿ ਮੇਲੇ ਕਰਤਾਰਿ॥੨॥		Naanak Guramukh Oubarae J Aap Maelae Karathaar ||2||	O Nanak, the Gurmukhs are saved; the Creator Lord unites them with Himself. ||2||	ਹੇ ਨਾਨਕ! ਜਿਨ੍ਹਾਂ ਗੁਰਮੁਖਾਂ ਨੂੰ ਕਰਤਾਰ ਨੇ ਆਪ (ਆਪਣੇ ਨਾਲ) ਜੋੜਿਆ ਹੈ ਉਹੀ ਇਸ (ਲਾਲਚ-ਰੂਪ ਸਮੁੰਦਰ) ਵਿਚੋਂ ਬਚ ਕੇ ਨਿਕਲਦੇ ਹਨ ॥੨॥
22932	513	ਪਉੜੀ॥		Pourree ||	Pauree:	
22933	513	ਭਗਤ ਸਚੈ ਦਰਿ ਸੋਹਦੇ ਸਚੈ ਸਬਦਿ ਰਹਾਏ॥		Bhagath Sachai Dhar Sohadhae Sachai Sabadh Rehaaeae ||	The devotees look beauteous in the True Court of the Lord; they abide in the True Word of the Shabad.	ਬੰਦਗੀ ਕਰਨ ਵਾਲੇ ਸੱਚੇ ਪ੍ਰਭੂ ਦੀ ਹਜ਼ੂਰੀ ਸੋਭਦੇ ਹਨ, (ਪ੍ਰਭੂ ਦੀ ਹਜ਼ੂਰੀ ਵਿਚ ਉਹ) ਸੱਚੇ ਸ਼ਬਦ ਦੀ ਰਾਹੀਂ ਟਿਕੇ ਰਹਿੰਦੇ ਹਨ,
22934	513	ਹਰਿ ਕੀ ਪ੍ਰੀਤਿ ਤਿਨ ਊਪਜੀ ਹਰਿ ਪ੍ਰੇਮ ਕਸਾਏ॥	(ਕਸਾਏ) ਖਿੱਚ	Har Kee Preeth Thin Oopajee Har Praem Kasaaeae ||	The Lord's Love wells up in them; they are attracted by the Lord's Love.	ਉਹਨਾਂ ਦੇ ਅੰਦਰ ਪ੍ਰਭੂ ਦਾ ਪਿਆਰ ਪੈਦਾ ਹੁੰਦਾ ਹੈ, (ਉਹ) ਪ੍ਰਭੂ ਦੇ ਪਿਆਰ ਦੇ ਖਿੱਚੇ ਹੋਏ (ਹਨ),

22935	513	ਹਰਿ ਰੰਗਿ ਰਹਹਿ ਸਦਾ ਰੰਗਿ ਰਾਤੇ ਰਸਨਾ ਹਰਿ ਰਸੁ ਪਿਆਏ॥	ਰਹ–ਹਿ	Har Rang Rehehi Sadhaa Rang Raathae Rasanaa Har Ras Piaaeae ||	They abide in the Lord's Love, they remain imbued with the Lord's Love forever, and with their tongues, they drink in the sublime essence of the Lord.	ਉਹ ਸਦਾ ਪ੍ਰਭੂ ਦੇ ਪਿਆਰ ਵਿਚ ਰਹਿੰਦੇ ਹਨ, ਪ੍ਰਭੂ ਦੇ ਰੰਗ ਵਿਚ ਰੱਤੇ ਰਹਿੰਦੇ ਹਨ ਤੇ ਜੀਭ ਨਾਲ ਪ੍ਰਭੂ ਦਾ ਨਾਮ-ਰਸ ਪੀਂਦੇ ਹਨ।
22936	513	ਸਫਲੁ ਜਨਮੁ ਜਿਨ੍ਹੀ ਗੁਰਮੁਖਿ ਜਾਤਾ ਹਰਿ ਜੀਉ ਰਿਦੈ ਵਸਾਏ॥		Safal Janam Jinhee Guramukh Jaathaa Har Jeeo Ridhai Vasaaeae ||	Fruitful are the lives of those Gurmukhs who recognize the Lord and enshrine Him in their hearts.	ਜਿਨ੍ਹਾਂ ਨੇ ਗੁਰੂ ਦੇ ਸਨਮੁਖ ਹੋ ਕੇ ਰੱਬ ਨੂੰ ਪਛਾਣਿਆ ਹੈ ਤੇ ਹਿਰਦੇ ਵਿਚ ਵਸਾਇਆ ਹੈ ਉਹਨਾਂ ਦਾ ਜੰਮਣਾ ਮੁਬਾਰਿਕ ਹੈ।
22937	513	ਬਾਝੁ ਗੁਰੂ ਫਿਰੈ ਬਿਲਲਾਦੀ ਦੂਜੈ ਭਾਇ ਖੁਆਏ॥੧੧॥	(ਬਿਲਲਾਦੀ) ਵਿਰਲਾਪ	Baajh Guroo Firai Bilalaadhee Dhoojai Bhaae Khuaaeae ||11||	Without the Guru, they wander around crying out in misery; in the love of duality, they are ruined. ||11||	ਗੁਰੂ ਤੋਂ ਬਿਨਾ ਸ੍ਰਿਸ਼ਟੀ ਹੋਰ ਹੋਰ ਪਿਆਰ ਵਿਚ ਖੁੰਝੀ ਹੋਈ ਵਿਲਕਦੀ ਫਿਰਦੀ ਹੈ ॥੧੧॥
22938	513	ਸਲੋਕੁ ਮਃ ੩॥		Salok Ma 3 ||	Shalok, Third Mehl:	
22939	513	ਕਲਿਜੁਗ ਮਹਿ ਨਾਮੁ ਨਿਧਾਨੁ ਭਗਤੀ ਖਟਿਆ ਹਰਿ ਉਤਮ ਪਦੁ ਪਾਇਆ॥	ਕਲਿਜੁੱਗ, ਭਗਤੀਂ	Kalijug Mehi Naam Nidhhaan Bhagathee Khattiaa Har Outham Padh Paaeiaa ||	In the Dark Age of Kali Yuga, the devotees earn the treasure of the Naam, the Name of the Lord; they obtain the supreme status of the Lord.	ਇਸ ਝੰਬੇਲਿਆਂ-ਭਰੇ ਜਗਤ ਵਿਚ ਪਰਮਾਤਮਾ ਦਾ ਨਾਮ (ਹੀ) ਖ਼ਜ਼ਾਨਾ ਹੈ, ਜਿਸ ਨੇ ਬੰਦਗੀ ਕਰ ਕੇ (ਇਹ ਖ਼ਜ਼ਾਨਾ) ਖੱਟ ਲਿਆ ਹੈ ਉਸ ਨੇ ਪ੍ਰਭੂ (ਦਾ ਮੇਲ-ਰੂਪ) ਉੱਚਾ ਦਰਜਾ ਪਾ ਲਿਆ ਹੈ,

22940	513	ਸਤਿਗੁਰ ਸੇਵਿ ਹਰਿ ਨਾਮੁ ਮਨਿ ਵਸਾਇਆ ਅਨ ਦਿਨੁ ਨਾਮੁ ਧਿਆਇਆ॥		Sathigur Saev Har Naam Man Vasaaeiaa Anadhin Naam Dhhiaaeiaa ||	Serving the True Guru, they enshrine the Lord's Name in their minds, and they meditate on the Naam, night and day.	ਗੁਰੂ ਦੇ ਹੁਕਮ ਵਿਚ ਤੁਰ ਕੇ ਉਸ ਨੇ ਪ੍ਰਭੂ ਦਾ ਨਾਮ ਆਪਣੇ ਮਨ ਵਿਚ ਵਸਾਇਆ ਹੈ ਤੇ ਹਰ ਵੇਲੇ ਨਾਮ ਸਿਮਰਿਆ ਹੈ,
22941	513	ਵਿਚੇ ਗ੍ਰਿਹ ਗੁਰ ਬਚਨਿ ਉਦਾਸੀ ਹਉਮੈ ਮੋਹੁ ਜਲਾਇਆ॥		Vichae Grih Gur Bachan Oudhaasee Houmai Mohu Jalaaeiaa ||	Within the home of their own selves, they remain unattached, through the Guru's Teachings; they burn away egotism and emotional attachment.	ਸਤਿਗੁਰੂ ਦੇ ਬਚਨ ਵਿਚ (ਤੁਰ ਕੇ) ਉਹ ਗ੍ਰਿਹਸਤ ਵਿਚ ਹੀ ਉਦਾਸੀ ਹੈ (ਕਿਉਂਕਿ) ਉਸ ਨੇ ਹਉਮੈ ਤੇ ਮੋਹ ਸਾੜ ਦਿੱਤਾ ਹੈ,
22942	513	ਆਪਿ ਤਰਿਆ ਕੁਲ ਜਗਤੁ ਤਰਾਇਆ ਧੰਨੁ ਜਣੇਦੀ ਮਾਇਆ॥	ਕੁੱਲ ਸਾਰਾ ਜੱਗ–ਤੁ, ਸਾਰੇ ਜਗਤ ਚ ਕੁਲ ਭੀ ਤਰ ਗਈ	Aap Thariaa Kul Jagath Tharaaeiaa Dhhann Janaedhee Maaeiaa ||	They save themselves, and they save the whole world. Blessed are the mothers who gave birth to them.	ਉਹ (ਇਸ ਝੰਬੇਲਿਆਂ-ਭਰੇ ਸੰਸਾਰ-ਸਮੁੰਦਰ ਤੋਂ) ਆਪ ਲੰਘ ਗਿਆ ਹੈ, ਸਾਰੇ ਜਗਤ ਨੂੰ ਭੀ ਲੰਘਾਂਦਾ ਹੈ, ਧੰਨ ਹੈ ਉਸ ਦੀ ਜੰਮਣ ਵਾਲੀ ਮਾਂ!

22943	513	ਐਸਾ ਸਤਿਗੁਰੁ ਸੋਈ ਪਾਏ ਜਿਸੁ ਧੁਰਿ ਮਸਤਕਿ ਹਰਿ ਲਿਖਿ ਪਾਇਆ॥		Aisaa Sathigur Soee Paaeae Jis Dhhur Masathak Har Likh Paaeiaa ||	He alone finds such a True Guru, upon whose forehead the Lord inscribed such pre-ordained destiny.	ਇਹੋ ਜਿਹਾ ਗੁਰੂ (ਜਿਸ ਨੂੰ ਮਿਲ ਕੇ ਮਨੁੱਖ 'ਆਪਿ ਤਰਿਆ ਕੁਲ ਜਗਤੁ ਤਰਾਇਆ') ਉਸੇ ਬੰਦੇ ਨੂੰ ਮਿਲਦਾ ਹੈ ਜਿਸ ਦੇ ਮੱਥੇ ਤੇ ਧੁਰੋਂ ਕਰਤਾਰ ਨੇ (ਬੰਦਗੀ ਕਰਨ ਦਾ ਲੇਖ) ਲਿਖ ਕੇ ਰੱਖ ਦਿੱਤਾ ਹੈ।
22944	513	ਜਨ ਨਾਨਕ ਬਲਿਹਾਰੀ ਗੁਰ ਆਪਣੇ ਵਿਟਹੁ ਜਿਨਿ ਭ੍ਰਮਿ ਭੁਲਾ ਮਾਰਗਿ ਪਾਇਆ॥੧॥		Jan Naanak Balihaaree Gur Aapanae Vittahu Jin Bhram Bhulaa Maarag Paaeiaa ||1||	Servant Nanak is a sacrifice to his Guru; when he was wandering in doubt, He placed him on the Path. ||1||	ਹੇ ਦਾਸ ਨਾਨਕ! (ਆਖ-) ਮੈਂ ਆਪਣੇ ਗੁਰੂ ਤੋਂ ਸਦਕੇ ਹਾਂ ਜਿਸ ਨੇ ਮੈਨੂੰ ਭੁਲੇਖੇ ਵਿਚ ਭੁੱਲੇ ਨੂੰ ਰਾਹੇ ਪਾਇਆ ਹੈ ॥੧॥
22945	513	ਮਃ ੩॥		Ma 3 ||	Third Mehl:	
22946	513	ਤ੍ਰੈ ਗੁਣ ਮਾਇਆ ਵੇਖਿ ਭੁਲੇ ਜਿਉ ਦੇਖਿ ਦੀਪਕਿ ਪਤੰਗ ਪਚਾਇਆ॥		Thrai Gun Maaeiaa Vaekh Bhulae Jio Dhaekh Dheepak Pathang Pachaaeiaa ||	Beholding Maya with her three dispositions, he goes astray; he is like the moth, which sees the flame, and is consumed.	ਸਾਰੇ ਜੀਵ ਤ੍ਰੈਗੁਣੀ ਮਾਇਆ ਨੂੰ ਵੇਖ ਕੇ (ਜੀਵਨ ਦੇ ਸਹੀ ਰਸਤੇ ਤੋਂ) ਖੁੰਝ ਰਹੇ ਹਨ ਜਿਵੇਂ ਭੰਬਟ (ਦੀਵੇ ਨੂੰ) ਵੇਖ ਕੇ ਦੀਵੇ ਉਤੇ ਸੜਦੇ ਹਨ;

22947	513	ਪੰਡਿਤ ਭੁਲਿ ਭੁਲਿ ਮਾਇਆ ਵੇਖਹਿ ਦਿਖਾ ਕਿਨੈ ਕਿਹੁ ਆਣਿ ਚੜਾਇਆ॥	ਭੁੱਲਿ,ਭੁੱਲਿ। (ਦਿਖਾ)ਦਿਖਾਉ ਣਾ ਕਰ। ਦਿਖਾ:ਪੋਲਾ ਬੋਲੋ। ਚੜ੍ਹਾਇਆ	Panddith Bhul Bhul Maaeiaa Vaekhehi Dhikhaa Kinai Kihu Aan Charraaeiaa ||	The mistaken, deluded Pandits gaze upon Maya, and watch to see whether anyone has offered them something.	ਪੰਡਤ (ਕਥਾ ਸੁਣਾਂਦੇ) ਮੁੜ ਮੁੜ ਖੁੰਝ ਕੇ ਮਾਇਆ ਵਲ ਹੀ ਤੱਕਦੇ ਹਨ ਕਿ ਵੇਖੀਏ ਕਿਸੇ ਨੇ ਕੁਝ ਲਿਆ ਕੇ ਭੇਟਾ ਰੱਖੀ ਹੈ (ਜਾਂ ਨਹੀਂ),
22948	513	ਦੂਜੈ ਭਾਇ ਪੜਹਿ ਨਿਤ ਬਿਖਿਆ ਨਾਵਹੁ ਦਯਿ ਖੁਆਇਆ॥	ਦ-ਯਿ ਦ ਮੁਕਤਾ- ਯਿ ਸਿਹਾਰੀ ਸਹਿਤ- ਤਾਲੂ ਤੋਂ ਬੋਲੋ	Dhoojai Bhaae Parrehi Nith Bikhiaa Naavahu Dhay Khuaaeiaa ||	In the love of duality, they read continually about sin, while the Lord has withheld His Name from them.	ਸੋ ਮਾਇਆ ਦੇ ਪਿਆਰ ਵਿਚ ਉਹ (ਅਸਲ ਵਿਚ) ਸਦਾ ਮਾਇਆ (ਦੀ ਸੰਥਾ ਹੀ) ਪੜ੍ਹਦੇ ਹਨ, ਪਰਮਾਤਮਾ ਨੇ ਉਹਨਾਂ ਨੂੰ (ਆਪਣੇ) ਨਾਮ ਵਲੋਂ ਖੁੰਝਾ ਦਿੱਤਾ ਹੈ।
22949	513	ਜੋਗੀ ਜੰਗਮ ਸੰਨਿਆਸੀ ਭੁਲੇ ਓਨ੍ਹਾ ਅਹੰਕਾਰੁ ਬਹੁ ਗਰਬੁ ਵਧਾਇਆ॥		Jogee Jangam Sanniaasee Bhulae Ounhaa Ahankaar Bahu Garab Vadhhaaeiaa ||	The Yogis, the wandering hermits and the Sannyaasees have gone astray; their egotism and arrogance have increased greatly.	ਜੋਗੀ ਜੰਗਮ ਤੇ ਸੰਨਿਆਸੀ (ਭੀ ਜੀਵਨ ਦੇ ਰਾਹ ਤੋਂ) ਖੁੰਝੇ ਹੋਏ ਹਨ, (ਕਿਉਂਕਿ 'ਤਿਆਗ' ਕਾਰਨ) ਇਹਨਾਂ ਨੇ ਮਾਣ ਤੇ ਅਹੰਕਾਰ ਨੂੰ ਵਧਾਇਆ ਹੋਇਆ ਹੈ,

22950	513	ਛਾਦਨੁ ਭੋਜਨੁ ਨ ਲੈਹੀ ਸਤ ਭਿਖਿਆ ਮਨ ਹਠਿ ਜਨਮੁ ਗਵਾਇਆ॥	ਸ਼ਰਧਾ ਨਾਲ ਦਿਤੀ ਸੱਤ ਸੱਚੀ ਹੀਂ ਲੈਂਦੇ	Shhaadhan Bhojan N Laihee Sath Bhikhiaa Manehath Janam Gavaaeiaa ||	They do not accept the true donations of clothes and food, and their lives are ruined by their stubborn minds.	(ਗ੍ਰਿਹਸਤੀਆਂ ਪਾਸੋਂ) ਆਦਰ ਸਰਧਾ ਨਾਲ ਮਿਲਿਆ ਕੱਪੜਾ ਤੇ ਭੋਜਨ-ਰੂਪ ਭਿੱਛਿਆ ਨਹੀਂ ਲੈਂਦੇ (ਭਾਵ, ਥੋੜੀ ਚੀਜ਼ ਮਿਲਣ ਤੇ ਉਹਨਾਂ ਨੂੰ ਘੂਰਦੇ ਹਨ) ਤੇ ਇਸ ਤਰ੍ਹਾਂ ਮਨ ਦੇ ਹਠ ਨਾਲ ਆਪਣੀ ਜ਼ਿੰਦਗੀ ਅਜਾਈਂ ਗਵਾ ਲੈਂਦੇ ਹਨ।
22951	513	ਏਤੜਿਆ ਵਿਚਹੁ ਸੋ ਜਨੁ ਸਮਧਾ ਜਿਨਿ ਗੁਰਮੁਖਿ ਨਾਮੁ ਧਿਆਇਆ॥	(ਸਮਧਾ)ਨਾਮ ਵਿਭੂਤੀ ਵਾਲਾ:ਪੋਲਾ ਬੋਲੋ। ਪੋਲਾ (ਸਮ-ਧਾ)ਸਮਝਿਆ ਹੈ। ਏਤੜਿਆਂ ਕਸਕੇ	Eaetharriaa Vichahu So Jan Samadhhaa Jin Guramukh Naam Dhhiaaeiaa ||	Among these, he alone is a man of poise, who, as Gurmukh, meditates on the Naam, the Name of the Lord.	ਇਹਨਾਂ ਸਾਰਿਆਂ ਵਿਚੋਂ ਉਹ ਮਨੁੱਖ ਪੂਰਨ ਅਵਸਥਾ ਵਾਲਾ ਹੈ ਜਿਸ ਨੇ ਗੁਰੂ ਦੇ ਸਨਮੁਖ ਹੋ ਕੇ ਨਾਮ ਸਿਮਰਿਆ ਹੈ।
22952	513	ਜਨ ਨਾਨਕ ਕਿਸ ਨੋ ਆਖਿ ਸੁਣਾਈਐ ਜਾ ਕਰਦੇ ਸਭਿ ਕਰਾਇਆ॥੨॥		Jan Naanak Kis No Aakh Sunaaeeai Jaa Karadhae Sabh Karaaeiaa ||2||	Unto whom should servant Nanak speak and complain? All act as the Lord causes them to act. ||2||	ਪਰ, ਹੇ ਦਾਸ ਨਾਨਕ! ਹੋਰ ਕਿਸ ਅੱਗੇ ਪੁਕਾਰ ਕਰੀਏ? ਸਾਰੇ ਪ੍ਰਭੂ ਦੇ ਪ੍ਰੇਰੇ ਹੋਏ ਹੀ ਕਾਰ ਕਰ ਰਹੇ ਹਨ, (ਭਾਵ, ਇਸ ਮਾਇਆ ਤੋਂ ਬਚਣ ਲਈ ਪ੍ਰਭੂ ਅੱਗੇ ਹੀ ਕੀਤੀ ਅਰਦਾਸ ਸਹੈਤਾ ਕਰਦੀ ਹੈ) ॥੨॥
22953	513	ਪਉੜੀ॥		Pourree ||	Pauree:	

22954	513	ਮਾਇਆ ਮੋਹੁ ਪਰੇਤੁ ਹੈ ਕਾਮੁ ਕ੍ਰੋਧੁ ਅਹੰਕਾਰਾ॥		Maaeiaa Mohu Paraeth Hai Kaam Krodhh Ahankaaraa ||	Emotional attachment to Maya, sexual desire, anger and egotism are demons.	ਮਾਇਆ ਦਾ ਮੋਹ, ਕਾਮ, ਕ੍ਰੋਧ ਤੇ ਅਹੰਕਾਰ ਸਭ ਇਕ ਤਰ੍ਹਾਂ ਦੇ ਭੂਤ ਹਨ;
22955	513	ਏਹ ਜਮ ਕੀ ਸਿਰ ਕਾਰ ਹੈ ਏਨ੍ਹਾ ਉਪਰਿ ਜਮ ਕਾ ਡੰਡੁ ਕਰਾਰਾ॥	(੨. ਸਿਰਕਾਰ)	Eaeh Jam Kee Sirakaar Hai Eaenhaa Oupar Jam Kaa Ddandd Karaaraa ||	Because of them, mortals are subject to death; above their heads hangs the heavy club of the Messenger of Death.	ਇਹ ਸਾਰੇ ਜਮਰਾਜ ਦੀ ਰਈਅਤ ਹਨ, ਇਹਨਾਂ ਉੱਤੇ ਜਮਰਾਜ ਦਾ ਜ਼ੋਰ ਚੱਲਦਾ ਹੈ।
22956	513	ਮਨਮੁਖ ਜਮ ਮਗਿ ਪਾਈਅਨ੍ਹਿ ਜਿਨ੍ ਦੂਜਾ ਭਾਉ ਪਿਆਰਾ॥		Manamukh Jam Mag Paaeeanih Jinh Dhoojaa Bhaao Piaaraa ||	The self-willed manmukhs, in love with duality, are led onto the path of Death.	ਆਪਣੇ ਮਨ ਦੇ ਪਿਛੇ ਤੁਰਨ ਵਾਲੇ ਬੰਦੇ ਜਿਨ੍ਹਾਂ ਨੂੰ ਮਾਇਆ ਦਾ ਪਿਆਰ ਮਿੱਠਾ ਲੱਗਦਾ ਹੈ ਜਮਰਾਜ ਦੇ ਰਾਹ ਤੇ ਪਾਏ ਜਾਂਦੇ ਹਨ,
22957	513	ਜਮਪੁਰਿ ਬਧੇ ਮਾਰੀਅਨਿ ਕੋ ਸੁਣੈ ਨ ਪੂਕਾਰਾ॥	ਬੱਧੇ	Jam Pur Badhhae Maareean Ko Sunai N Pookaaraa ||	In the City of Death, they are tied up and beaten, and no one hears their cries.	ਉਹ ਮਨਮੁਖ ਜਮ-ਪੁਰੀ ਵਿਚ ਬੱਝੇ ਹੋਏ ਮਾਰੀਦੇ ਹਨ ਤੇ ਕੋਈ ਉਹਨਾਂ ਦੀ ਪੁਕਾਰ ਨਹੀਂ ਸੁਣਦਾ (ਭਾਵ, ਇਹਨਾਂ ਕਾਮਾਦਿਕਾਂ ਦੇ ਪੰਜੇ ਤੋਂ ਕੋਈ ਉਹਨਾਂ ਨੂੰ ਛੁਡਾ ਨਹੀਂ ਸਕਦਾ)।

22958	513	ਜਿਸ ਨੋ ਕ੍ਰਿਪਾ ਕਰੇ ਤਿਸੁ ਗੁਰੁ ਮਿਲੈ ਗੁਰਮੁਖਿ ਨਿਸਤਾਰਾ॥੧੨॥		Jis No Kirapaa Karae This Gur Milai Guramukh Nisathaaraa ||12||	One who is blessed by the Lord's Grace meets the Guru; as Gurmukh, he is emancipated. ||12||	ਜਿਸ ਮਨੁੱਖ ਤੇ ਪ੍ਰਭੂ ਆਪ ਮਿਹਰ ਕਰੇ ਉਸ ਨੂੰ ਗੁਰੂ ਮਿਲਦਾ ਹੈ, ਗੁਰੂ ਦੀ ਰਾਹੀਂ (ਇਹਨਾਂ ਭੂਤਾਂ ਤੋਂ) ਛੁਟਕਾਰਾ ਹੁੰਦਾ ਹੈ ॥੧੨॥
22959	513	ਸਲੋਕੁ ਮਃ ੩॥		Salok Ma 3 ||	Shalok, Third Mehl:	
22960	513	ਹਉਮੈ ਮਮਤਾ ਮੋਹਣੀ ਮਨਮੁਖਾ ਨੋ ਗਈ ਖਾਇ॥		Houmai Mamathaa Mohanee Manamukhaa No Gee Khaae ||	By egotism and pride, the self-willed manmukhs are enticed, and consumed.	ਹਉਮੈ ਤੇ ਅਪਣੱਤ (ਸਰੂਪ ਵਾਲੀ ਮਾਇਆ, ਮਾਨੋ) ਚੁੜੇਲ ਹੈ ਜੋ ਆਪ-ਹੁਦਰਿਆਂ ਨੂੰ ਹੜੱਪ ਕਰ ਜਾਂਦੀ ਹੈ,
22961	513	ਜੋ ਮੋਹਿ ਦੂਜੈ ਚਿਤੁ ਲਾਇਦੇ ਤਿਨਾ ਵਿਆਪਿ ਰਹੀ ਲਪਟਾਇ॥		Jo Mohi Dhoojai Chith Laaeidhae Thinaa Viaap Rehee Lapattaae ||	Those who center their consciousness on duality are caught in it, and remain stuck.	ਜੋ ਮਨੁੱਖ (ਰੱਬ ਨੂੰ ਛੱਡ ਕਿਸੇ) ਹੋਰ ਦੇ ਮੋਹ ਵਿਚ ਚਿੱਤ ਜੋੜਦੇ ਹਨ ਉਹਨਾਂ ਨੂੰ ਚੰਬੜ ਕੇ ਆਪਣੇ ਵੱਸ ਵਿਚ ਕਰ ਲੈਂਦੀ ਹੈ।
22962	513	ਗੁਰ ਕੈ ਸਬਦਿ ਪਰਜਾਲੀਐ ਤਾ ਏਹ ਵਿਚਹੁ ਜਾਇ॥	(ਪਰਜਾਲੀਐ) ਸਾੜਦੀ। ਪਰ-ਜਾਲੀਐ	Gur Kai Sabadh Parajaaleeai Thaa Eaeh Vichahu Jaae ||	But when it is burnt away by the Word of the Guru's Shabad, only then does it depart from within.	ਜੇ ਗੁਰੂ ਦੇ ਸ਼ਬਦ ਨਾਲ ਇਸ ਨੂੰ ਚੰਗੀ ਤਰ੍ਹਾਂ ਸਾੜੀਏ ਤਾਂ ਇਹ ਅੰਦਰੋਂ ਨਿਕਲਦੀ ਹੈ;

22963	513	ਤਨੁ ਮਨੁ ਹੋਵੈ ਉਜਲਾ ਨਾਮੁ ਵਸੈ ਮਨਿ ਆਇ॥		Than Man Hovai Oujalaa Naam Vasai Man Aae ||	The body and mind become radiant and bright, and the Naam, the Name of the Lord, comes to dwell within the mind.	ਤਾਂ ਸਰੀਰ ਤੇ ਮਨ ਸੁਅੱਛ ਹੋ ਜਾਂਦਾ ਹੈ; ਪ੍ਰਭੂ ਦਾ ਨਾਮ ਮਨ ਵਿਚ ਆ ਵੱਸਦਾ ਹੈ।
22964	513	ਨਾਨਕ ਮਾਇਆ ਕਾ ਮਾਰਣੁ ਹਰਿ ਨਾਮੁ ਹੈ ਗੁਰਮੁਖਿ ਪਾਇਆ ਜਾਇ॥੧॥		Naanak Maaeiaa Kaa Maaran Har Naam Hai Guramukh Paaeiaa Jaae ||1||	O Nanak, the Lord's Name is the antidote to Maya; the Gurmukh obtains it. ||1||	ਹੇ ਨਾਨਕ! ਇਸ ਮਾਇਆ (ਸੰਖੀਏ ਨੂੰ ਕੁਸ਼ਤਾ ਕਰਨ) ਦੀ ਬੂਟੀ ਇੱਕ ਹਰਿ-ਨਾਮ ਹੀ ਹੈ ਜੋ ਗੁਰੂ ਤੋਂ ਹੀ ਮਿਲ ਸਕਦਾ ਹੈ ॥੧॥
22965	513	ਮਃ ੩॥		Ma 3 ||	Third Mehl:	
22966	513	ਇਹੁ ਮਨੁ ਕੇਤੜਿਆ ਜੁਗ ਭਰਮਿਆ ਥਿਰੁ ਰਹੈ ਨ ਆਵੈ ਜਾਇ॥	ਜੁੱਗ	Eihu Man Kaetharriaa Jug Bharamiaa Thhir Rehai N Aavai Jaae ||	This mind has wandered through so many ages; it has not remained stable - it continues coming and going.	(ਮਨੁੱਖ ਦਾ) ਇਹ ਮਨ ਕਈ ਜੁਗ ਭਟਕਦਾ ਰਹਿੰਦਾ ਹੈ (ਪਰਮਾਤਮਾ ਵਿਚ) ਟਿਕਦਾ ਨਹੀਂ ਤੇ ਜੰਮਦਾ ਮਰਦਾ ਰਹਿੰਦਾ ਹੈ;
22967	513	ਹਰਿ ਭਾਣਾ ਤਾ ਭਰਮਾਇਅਨੁ ਕਰਿ ਪਰਪੰਚੁ ਖੇਲੁ ਉਪਾਇ॥		Har Bhaanaa Thaa Bharamaaeian Kar Parapanch Khael Oupaae ||	When it is pleasing to the Lord's Will, then He causes the soul to wander; He has set the world-drama in motion.	ਪਰ ਇਹ ਗੱਲ ਪ੍ਰਭੂ ਨੂੰ (ਏਸੇ ਤਰ੍ਹਾਂ) ਭਾਉਂਦੀ ਹੈ ਕਿ ਉਸ ਨੇ ਇਹ ਠੱਗਣ ਵਾਲੀ (ਜਗਤ-ਖੇਡ ਬਣਾ ਕੇ (ਜੀਵਾਂ ਨੂੰ ਇਸ ਵਿਚ) ਭਰਮਾਇਆ ਹੋਇਆ ਹੈ।

22968	513	ਜਾ ਹਰਿ ਬਖਸੇ ਤਾ ਗੁਰੁ ਮਿਲੈ ਅਸਥਿਰੁ ਰਹੈ ਸਮਾਇ॥		Jaa Har Bakhasae Thaa Gur Milai Asathhir Rehai Samaae ||	When the Lord forgives, then one meets the Guru, and becoming stable, he remains absorbed in the Lord.	ਜਦੋਂ ਪ੍ਰਭੂ (ਆਪ) ਮਿਹਰ ਕਰਦਾ ਹੈ ਤਾਂ (ਜੀਵ ਨੂੰ) ਗੁਰੂ ਮਿਲਦਾ ਹੈ, (ਫਿਰ) ਇਹ (ਪ੍ਰਭੂ ਵਿਚ) ਜੁੜ ਕੇ ਟਿਕਿਆ ਰਹਿੰਦਾ ਹੈ;
22969	514	ਨਾਨਕ ਮਨ ਹੀ ਤੇ ਮਨੁ ਮਾਨਿਆ ਨਾ ਕਿਛੁ ਮਰੈ ਨ ਜਾਇ॥੨॥		Naanak Man Hee Thae Man Maaniaa Naa Kishh Marai N Jaae ||2||	O Nanak, through the mind, the mind is satisfied, and then, nothing comes or goes. ||2||	(ਇਸ ਤਰ੍ਹਾਂ) ਹੇ ਨਾਨਕ! ਮਨ ਅੰਦਰੋਂ ਹੀ (ਪ੍ਰਭੂ-ਨਾਮ ਵਿਚ) ਪਤੀਜ ਜਾਂਦਾ ਹੈ, ਫਿਰ ਇਸ ਦਾ ਨਾਹ ਕੁਝ ਮਰਦਾ ਹੈ ਨਾਹ ਜੰਮਦਾ ਹੈ ॥੨॥
22970	514	ਪਉੜੀ॥		Pourree ||	Pauree:	
22971	514	ਕਾਇਆ ਕੋਟੁ ਅਪਾਰੁ ਹੈ ਮਿਲਣਾ ਸੰਜੋਗੀ॥		Kaaeiaa Kott Apaar Hai Milanaa Sanjogee ||	The body is the fortress of the Infinite Lord; it is obtained only by destiny.	ਮਨੁੱਖਾ-ਸਰੀਰ (ਮਾਨੋ,) ਇਕ ਵੱਡਾ ਕਿਲ੍ਹਾ ਹੈ ਜੋ ਮਨੁੱਖ ਨੂੰ ਭਾਗਾਂ ਨਾਲ ਮਿਲਦਾ ਹੈ,
22972	514	ਕਾਇਆ ਅੰਦਰਿ ਆਪਿ ਵਸਿ ਰਹਿਆ ਆਪੇ ਰਸ ਭੋਗੀ॥		Kaaeiaa Andhar Aap Vas Rehiaa Aapae Ras Bhogee ||	The Lord Himself dwells within the body; He Himself is the Enjoyer of pleasures.	ਇਸ ਸਰੀਰ ਵਿਚ ਪ੍ਰਭੂ ਆਪ ਵੱਸ ਰਿਹਾ ਹੈ ਤੇ (ਕਿਤੇ ਤਾਂ) ਰਸ ਭੋਗ ਰਿਹਾ ਹੈ,

22973	514	ਆਪਿ ਅਤੀਤੁ ਅਲਿਪਤੁ ਹੈ ਨਿਰਜੋਗੁ ਹਰਿ ਜੋਗੀ॥	(ਅਤੀਤ) ਤਿਆਗੀ ।(ਅਲਿਪਤੁ) ਨਿਰਲੇਪ ।(ਨਿਰਜੋਗੁ) ਅਨਜੁੜਿਆ।ਅ-ਲਿਪਤੁ	Aap Atheeth Alipath Hai Nirajog Har Jogee ||	He Himself remains detached and unaffected; while unattached, He is still attached.	(ਕਿਤੇ) ਆਪ ਜੋਗੀ ਪ੍ਰਭੂ ਵਿਰਕਤ ਹੈ, ਮਾਇਆ ਦੇ ਅਸਰ ਤੋਂ ਪਰੇ ਹੈ ਤੇ ਅਨ-ਜੁੜਿਆ ਹੈ।
22974	514	ਜੋ ਤਿਸੁ ਭਾਵੈ ਸੋ ਕਰੇ ਹਰਿ ਕਰੇ ਸੁ ਹੋਗੀ॥		Jo This Bhaavai So Karae Har Karae S Hogee ||	He does whatever He pleases, and whatever He does, comes to pass.	ਜੋ ਉਸ ਨੂੰ ਚੰਗਾ ਲੱਗਦਾ ਹੈ ਉਹੀ ਕਰਦਾ ਹੈ, ਜੋ ਕੁਝ ਪ੍ਰਭੂ ਕਰਦਾ ਹੈ ਉਹੀ ਹੁੰਦਾ ਹੈ।
22975	514	ਹਰਿ ਗੁਰਮੁਖਿ ਨਾਮੁ ਧਿਆਈਐ ਲਹਿ ਜਾਹਿ ਵਿਜੋਗੀ॥੧੩॥		Har Guramukh Naam Dhhiaaeeai Lehi Jaahi Vijogee ||13||	The Gurmukh meditates on the Lord's Name, and separation from the Lord is ended. ||13||	ਜੇ ਗੁਰੂ ਦੇ ਸਨਮੁਖ ਹੋ ਕੇ ਪ੍ਰਭੂ ਦਾ ਨਾਮ ਸਿਮਰੀਏ ਤਾਂ (ਮਾਇਕ ਰਸ-ਰੂਪ) ਸਾਰੇ ਵਿਛੋੜੇ (ਭਾਵ, ਪ੍ਰਭੂ ਤੋਂ ਵਿਛੋੜੇ ਦਾ ਮੂਲ) ਦੂਰ ਹੋ ਜਾਂਦੇ ਹਨ ॥੧੩॥
22976	514	ਸਲੋਕੁ ਮਃ ੩॥		Salok Ma 3 ||	Shalok, Third Mehl:	
22977	514	ਵਾਹੁ ਵਾਹੁ ਆਪਿ ਅਖਾਇਦਾ ਗੁਰ ਸਬਦੀ ਸਚੁ ਸੋਇ ॥		Vaahu Vaahu Aap Akhaaeidhaa Gur Sabadhee Sach Soe ||	Waaho! Waaho! The Lord Himself causes us to praise Him, through the True Word of the Guru's Shabad.	ਉਹ ਸੱਚਾ ਪ੍ਰਭੂ ਆਪ ਹੀ ਸਤਿਗੁਰੂ ਦੇ ਸ਼ਬਦ ਦੀ ਰਾਹੀਂ (ਮਨੁੱਖ ਪਾਸੋਂ) 'ਵਾਹੁ ਵਾਹੁ' ਅਖਵਾਂਦਾ ਹੈ (ਭਾਵ, ਸਿਫ਼ਤ-ਸਾਲਾਹ ਕਰਾਂਦਾ ਹੈ),

22978	514	ਵਾਹੁ ਵਾਹੁ ਸਿਫਤਿ ਸਲਾਹ ਹੈ ਗੁਰਮੁਖਿ ਬੂਝੈ ਕੋਇ॥		Vaahu Vaahu Sifath Salaah Hai Guramukh Boojhai Koe ||	Waaho! Waaho! is His Eulogy and Praise; how rare are the Gurmukhs who understand this.	ਕੋਈ (ਵਿਰਲਾ) ਗੁਰਮੁਖ ਸਮਝਦਾ ਹੈ ਕਿ 'ਵਾਹ ਵਾਹ' ਆਖਣਾ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਹੈ,
22979	514	ਵਾਹੁ ਵਾਹੁ ਬਾਣੀ ਸਚੁ ਹੈ ਸਚਿ ਮਿਲਾਵਾ ਹੋਇ॥		Vaahu Vaahu Baanee Sach Hai Sach Milaavaa Hoe ||	Waaho! Waaho! is the True Word of His Bani, by which we meet our True Lord.	ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਪਰਮਾਤਮਾ ਦਾ ਰੂਪ ਹੈ, (ਇਸ ਨਾਲ) ਪਰਮਾਤਮਾ ਵਿਚ ਮੇਲ ਹੁੰਦਾ ਹੈ।
22980	514	ਨਾਨਕ ਵਾਹੁ ਵਾਹੁ ਕਰਤਿਆ ਪ੍ਰਭੁ ਪਾਇਆ ਕਰਮਿ ਪਰਾਪਤਿ ਹੋਇ॥੧॥		Naanak Vaahu Vaahu Karathiaa Prabh Paaeiaa Karam Paraapath Hoe ||1||	O Nanak, chanting Waaho! Waaho! God is attained; by His Grace, He is obtained. ||1||	ਹੇ ਨਾਨਕ! (ਪ੍ਰਭੂ ਦੀ) ਸਿਫ਼ਤ-ਸਾਲਾਹ ਕਰਦਿਆਂ ਪ੍ਰਭੂ ਮਿਲ ਪੈਂਦਾ ਹੈ; (ਪਰ, ਇਹ ਸਿਫ਼ਤ-ਸਾਲਾਹ) ਪ੍ਰਭੂ ਦੀ ਮਿਹਰ ਨਾਲ ਮਿਲਦੀ ਹੈ ॥੧॥
22981	514	ਮਃ ੩॥		Ma 3 ||	Third Mehl:	
22982	514	ਵਾਹੁ ਵਾਹੁ ਕਰਤੀ ਰਸਨਾ ਸਬਦਿ ਸੁਹਾਈ॥		Vaahu Vaahu Karathee Rasanaa Sabadh Suhaaee ||	Chanting Waaho! Waaho! the tongue is adorned with the Word of the Shabad.	ਗੁਰੂ ਦੇ ਸ਼ਬਦ ਦੁਆਰਾ 'ਵਾਹੁ ਵਾਹੁ' ਆਖਦੀ ਜੀਭ ਸੋਹਣੀ ਲੱਗਦੀ ਹੈ,
22983	514	ਪੂਰੈ ਸਬਦਿ ਪ੍ਰਭੁ ਮਿਲਿਆ ਆਈ॥		Poorai Sabadh Prabh Miliaa Aaee ||	Through the Perfect Shabad, one comes to meet God.	ਪ੍ਰਭੂ ਮਿਲਦਾ ਹੀ ਗੁਰੂ ਦੇ ਪੂਰਨ ਸ਼ਬਦ ਦੀ ਰਾਹੀਂ ਹੈ।

22984	514	ਵਡਭਾਗੀਆ ਵਾਹੁ ਵਾਹੁ ਮੁਹਹੁ ਕਢਾਈ॥		Vaddabhaageeaa Vaahu Vaahu Muhahu Kadtaaee ||	How very fortunate are those, who with their mouths, chant Waaho! Waaho!	ਵੱਡੇ ਭਾਗਾਂ ਵਾਲਿਆਂ ਦੇ ਮੂੰਹ ਵਿਚੋਂ ਪ੍ਰਭੂ 'ਵਾਹੁ ਵਾਹੁ' ਅਖਵਾਉਂਦਾ ਹੈ,
22985	514	ਵਾਹੁ ਵਾਹੁ ਕਰਹਿ ਸੇਈ ਜਨ ਸੋਹਣੇ ਤਿਨ੍ ਕਉ ਪਰਜਾ ਪੂਜਣ ਆਈ॥		Vaahu Vaahu Karehi Saeee Jan Sohanae Thinh Ko Parajaa Poojan Aaee ||	How beautiful are those persons who chant Waaho! Waaho! ; people come to venerate them.	ਜੋ ਮਨੁੱਖ 'ਵਾਹੁ ਵਾਹੁ' ਕਰਦੇ ਹਨ, ਉਹ ਸੋਹਣੇ ਲੱਗਦੇ ਹਨ ਤੇ ਸਾਰੀ ਦੁਨੀਆ ਉਹਨਾਂ ਦੇ ਚਰਨ ਪਰਸਣ ਆਉਂਦੀ ਹੈ।
22986	514	ਵਾਹੁ ਵਾਹੁ ਕਰਮਿ ਪਰਾਪਤਿ ਹੋਵੈ ਨਾਨਕ ਦਰਿ ਸਚੈ ਸੋਭਾ ਪਾਈ॥੨॥		Vaahu Vaahu Karam Paraapath Hovai Naanak Dhar Sachai Sobhaa Paaee ||2||	Waaho! Waaho! is obtained by His Grace; O Nanak, honor is obtained at the Gate of the True Lord. ||2||	ਹੇ ਨਾਨਕ! ਪ੍ਰਭੂ ਦੀ ਮੇਹਰ ਨਾਲ ਪ੍ਰਭੂ ਦੀ ਸਿਫ਼ਤ-ਸਾਲਾਹ ਹੁੰਦੀ ਹੈ ਤੇ ਸੱਚੇ ਦਰ ਤੇ ਸੋਭਾ ਮਿਲਦੀ ਹੈ ॥੨॥
22987	514	ਪਉੜੀ॥		Pourree ||	Pauree:	
22988	514	ਬਜਰ ਕਪਾਟ ਕਾਇਆ ਗੜ੍ ਭੀਤਰਿ ਕੂੜੁ ਕੁਸਤੁ ਅਭਿਮਾਨੀ॥	ਕੁ-ਸੱਤੁ	Bajar Kapaatt Kaaeiaa Garrh Bheethar Koorr Kusath Abhimaanee ||	Within the fortress of body, are the hard and rigid doors of falsehood, deception and pride.	ਅਹੰਕਾਰੀ ਮਨੁੱਖਾਂ ਦੇ ਸਰੀਰ-ਰੂਪ ਕਿਲ੍ਹੇ ਵਿਚ ਕੂੜ ਤੇ ਕੁਸੱਤ-ਰੂਪ ਕਰੜੇ ਫਾਟਕ ਲੱਗੇ ਹੋਏ ਹਨ,

22989	514	ਭਰਮਿ ਭੂਲੇ ਨਦਰਿ ਨ ਆਵਨੀ ਮਨਮੁਖ ਅੰਧ ਅਗਿਆਨੀ॥		Bharam Bhoolae Nadhar N Aavanee Manamukh Andhh Agiaanee ||	Deluded by doubt, the blind and ignorant self-willed manmukhs cannot see them.	ਪਰ ਅੰਨ੍ਹੇ ਤੇ ਅਗਿਆਨੀ ਮਨਮੁਖਾਂ ਨੂੰ ਭਰਮ ਵਿਚ ਭੁੱਲੇ ਹੋਣ ਕਰ ਕੇ ਦਿੱਸਦੇ ਨਹੀਂ ਹਨ।
22990	514	ਉਪਾਇ ਕਿਤੈ ਨ ਲਭਨੀ ਕਰਿ ਭੇਖ ਥਕੇ ਭੇਖਵਾਨੀ॥		Oupaae Kithai N Labhanee Kar Bhaekh Thhakae Bhaekhavaanee ||	They cannot be found by any efforts; wearing their religious robes, the wearers have grown weary of trying.	ਭੇਖ ਕਰਨ ਵਾਲੇ ਲੋਕ ਭੇਖ ਕਰ ਕਰ ਕੇ ਥੱਕ ਗਏ ਹਨ, ਪਰ ਉਹਨਾਂ ਨੂੰ ਭੀ ਕਿਸੇ ਉਪਾਉ ਕਰਨ ਨਾਲ (ਇਹ ਫਾਟਕ) ਨਹੀਂ ਦਿੱਸੇ,
22991	514	ਗੁਰ ਸਬਦੀ ਖੋਲਾਈਅਨਿ ਹਰਿ ਨਾਮੁ ਜਪਾਨੀ॥		Gur Sabadhee Kholaaeeanih Har Naam Japaanee ||	The doors are opened only by the Word of the Guru's Shabad, and then, one chants the Name of the Lord.	(ਹਾਂ) ਜੋ ਮਨੁੱਖ ਹਰੀ ਦਾ ਨਾਮ ਜਪਦੇ ਹਨ, ਉਹਨਾਂ ਦੇ ਕਪਾਟ ਸਤਿਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਖੁਲ੍ਹਦੇ ਹਨ।
22992	514	ਹਰਿ ਜੀਉ ਅੰਮ੍ਰਿਤ ਬਿਰਖੁ ਹੈ ਜਿਨ ਪੀਆ ਤੇ ਤ੍ਰਿਪਤਾਨੀ॥੧੪॥		Har Jeeo Anmrith Birakh Hai Jin Peeaa Thae Thripathaanee ||14||	The Dear Lord is the Tree of Ambrosial Nectar; those who drink in this Nectar are satisfied. ||14||	ਪ੍ਰਭੂ (ਦਾ ਨਾਮ) ਅੰਮ੍ਰਿਤ ਦਾ ਰੁੱਖ ਹੈ, ਜਿਨ੍ਹਾਂ ਨੇ (ਇਸ ਦਾ ਰਸ) ਪੀਤਾ ਹੈ ਉਹ ਰੱਜ ਗਏ ਹਨ ॥੧੪॥
22993	514	ਸਲੋਕੁ ਮਃ ੩॥		Salok Ma 3 ||	Shalok, Third Mehl:	

22994	514	ਵਾਹੁ ਵਾਹੁ ਕਰਤਿਆ ਰੈਣਿ ਸੁਖਿ ਵਿਹਾਇ॥		Vaahu Vaahu Karathiaa Rain Sukh Vihaae ||	Chanting Waaho! Waaho! the night of one's life passes in peace.	ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਿਆਂ (ਮਨੁੱਖਾ ਜਨਮ-ਰੂਪ) ਰਾਤ ਸੁਖੀ ਗੁਜ਼ਰਦੀ ਹੈ,
22995	514	ਵਾਹੁ ਵਾਹੁ ਕਰਤਿਆ ਸਦਾ ਅਨੰਦੁ ਹੋਵੈ ਮੇਰੀ ਮਾਇ॥		Vaahu Vaahu Karathiaa Sadhaa Anandh Hovai Maeree Maae ||	Chanting Waaho! Waaho! I am in eternal bliss, O my mother!	ਤੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਿਆਂ ਸਦਾ ਮੌਜ ਬਣੀ ਰਹਿੰਦੀ ਹੈ, ਹੇ ਮੇਰੀ ਮਾਂ!
22996	514	ਵਾਹੁ ਵਾਹੁ ਕਰਤਿਆ ਹਰਿ ਸਿਉ ਲਿਵ ਲਾਇ॥		Vaahu Vaahu Karathiaa Har Sio Liv Laae ||	Chanting Waaho! Waaho!, I have fallen in love with the Lord.	ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਿਆਂ ਪ੍ਰਭੂ ਨਾਲ ਸੁਰਤਿ ਜੁੜਦੀ ਹੈ,
22997	514	ਵਾਹੁ ਵਾਹੁ ਕਰਮੀ ਬੋਲੈ ਬੋਲਾਇ॥		Vaahu Vaahu Karamee Bolai Bolaae ||	Waaho! Waaho! Through the karma of good deeds, I chant it, and inspire others to chant it as well.	ਪਰ, ਕੋਈ ਵਿਰਲਾ ਮਨੁੱਖ ਪ੍ਰਭੂ ਦੀ ਮਿਹਰ ਨਾਲ ਪ੍ਰਭੂ ਦਾ ਪ੍ਰੇਰਿਆ ਹੋਇਆ 'ਵਾਹੁ ਵਾਹੁ' ਦੀ ਬਾਣੀ ਉਚਾਰਦਾ ਹੈ।
22998	514	ਵਾਹੁ ਵਾਹੁ ਕਰਤਿਆ ਸੋਭਾ ਪਾਇ॥		Vaahu Vaahu Karathiaa Sobhaa Paae ||	Chanting Waaho! Waaho!, one obtains honor.	ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਿਆਂ ਸੋਭਾ ਮਿਲਦੀ ਹੈ,

22999	514	ਨਾਨਕ ਵਾਹੁ ਵਾਹੁ ਸਤਿ ਰਜਾਇ॥੧॥	ਸੱਤਿ	Naanak Vaahu Vaahu Sath Rajaae ||1||	O Nanak, Waaho! Waaho! is the Will of the True Lord. ||1||	ਤੇ, ਹੇ ਨਾਨਕ! ਇਹ ਸਿਫ਼ਤ-ਸਾਲਾਹ (ਮਨੁੱਖ ਨੂੰ) ਪ੍ਰਭੂ ਦੀ ਰਜ਼ਾ ਵਿਚ ਜੋੜੀ ਰੱਖਦੀ ਹੈ ॥੧॥
23000	514	ਮਃ ੩॥		Ma 3 ||	Third Mehl:	
23001	514	ਵਾਹੁ ਵਾਹੁ ਬਾਣੀ ਸਚੁ ਹੈ ਗੁਰਮੁਖਿ ਲਧੀ ਭਾਲਿ॥	ਲੱਧੀ	Vaahu Vaahu Baanee Sach Hai Guramukh Ladhhee Bhaal ||	Waaho! Waaho! is the Bani of the True Word. Searching, the Gurmukhs have found it.	ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਪ੍ਰਭੂ (ਦਾ ਰੂਪ ਹੀ) ਹੈ, ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੈ ਉਸ ਨੇ ਭਾਲ ਕੇ ਲੱਭ ਲਈ ਹੈ,
23002	514	ਵਾਹੁ ਵਾਹੁ ਸਬਦੇ ਉਚਰੈ ਵਾਹੁ ਵਾਹੁ ਹਿਰਦੈ ਨਾਲਿ॥	ਉੱਚਰੈ	Vaahu Vaahu Sabadhae Oucharai Vaahu Vaahu Hiradhai Naal ||	Waaho! Waaho! They chant the Word of the Shabad. Waaho! Waaho! They enshrine it in their hearts.	ਗੁਰੂ ਦੇ ਸ਼ਬਦ ਦੀ ਰਾਹੀਂ ਉਹ 'ਵਾਹੁ ਵਾਹੁ' ਆਖਦਾ ਹੈ ਤੇ ਹਿਰਦੇ ਨਾਲ (ਪਰੋ ਕੇ ਰੱਖਦਾ ਹੈ)।
23003	514	ਵਾਹੁ ਵਾਹੁ ਕਰਤਿਆ ਹਰਿ ਪਾਇਆ ਸਹਜੇ ਗੁਰਮੁਖਿ ਭਾਲਿ॥		Vaahu Vaahu Karathiaa Har Paaeiaa Sehajae Guramukh Bhaal ||	Chanting Waaho! Waaho! the Gurmukhs easily obtain the Lord, after searching.	ਗੁਰਮੁਖਾਂ ਨੇ ਸੁਤੇ ਹੀ ਭਾਲ ਕਰ ਕੇ, ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਿਆਂ ਪ੍ਰਭੂ ਨੂੰ ਲੱਭ ਲਿਆ ਹੈ।
23004	514	ਸੇ ਵਡਭਾਗੀ ਨਾਨਕਾ ਹਰਿ ਹਰਿ ਰਿਦੈ ਸਮਾਲਿ॥੨॥		Sae Vaddabhaagee Naanakaa Har Har Ridhai Samaal ||2||	O Nanak, very fortunate are those who reflect upon the Lord, Har, Har, within their hearts. ||2||	ਹੇ ਨਾਨਕ! ਉਹ ਮਨੁੱਖ ਵੱਡੇ ਭਾਗਾਂ ਵਾਲੇ ਹਨ ਜੋ ਪ੍ਰਭੂ ਦੇ ਨਾਮ ਨੂੰ ਆਪਣੇ ਹਿਰਦੇ ਵਿਚ ਸੰਭਾਲਦੇ ਹਨ ॥੨॥

23005	514	ਪਉੜੀ॥		Pourree ||	Pauree:	
23006	514	ਏ ਮਨਾ ਅਤਿ ਲੋਭੀਆ ਨਿਤ ਲੋਭੇ ਰਾਤਾ॥	ਰੱਾਤਾ	Eae Manaa Ath Lobheeaa Nith Lobhae Raathaa ||	O my utterly greedy mind, you are constantly engrossed in greed.	ਹੇ ਬਹੁਤ ਲੋਭੀ ਮਨ, ਤੂੰ ਸਦਾ ਲੋਭ ਵਿਚ ਪਇਆ ਰਹਿਨਾ?
23007	514	ਮਾਇਆ ਮਨਸਾ ਮੋਹਣੀ ਦਹ ਦਿਸ ਫਿਰਾਤਾ॥		Maaeiaa Manasaa Mohanee Dheh Dhis Firaathaa ||	In your desire for the enticing Maya, you wander in the ten directions.	ਮੋਹਣੀ ਮਾਇਆ ਦੀ ਚਾਹ ਦੇ ਕਾਰਨ ਤੂੰ ਦਸੀਂ ਪਾਸੀਂ ਭਉਂਦਾ ਫਿਰਦਾ ਹੈਂ।
23008	514	ਅਗੈ ਨਾਉ ਜਾਤਿ ਨ ਜਾਇਸੀ ਮਨਮੁਖਿ ਦੁਖੁ ਖਾਤਾ॥		Agai Naao Jaath N Jaaeisee Manamukh Dhukh Khaathaa ||	Your name and social status shall not go with you hereafter; the self-willed manmukh is consumed by pain.	ਹੇ ਮਨਮੁਖ (ਮਨ!) ਦਰਗਾਹ ਵਿਚ ਵੱਡਾ ਨਾਮ ਤੇ ਉੱਚੀ ਜਾਤ ਕੰਮ ਨਹੀਂ ਜਾਂਦੇ, (ਇਹਨਾਂ ਵਿਚ ਭੁੱਲਾ ਹੋਇਆ) ਦੁੱਖ ਭੋਗੇਂਗਾ;
23009	514	ਰਸਨਾ ਹਰਿ ਰਸੁ ਨ ਚਖਿਓ ਫੀਕਾ ਬੋਲਾਤਾ॥		Rasanaa Har Ras N Chakhiou Feekaa Bolaathaa ||	Your tongue does not taste the sublime essence of the Lord; it utters only insipid words.	ਜੀਭ ਨਾਲ ਤੂੰ ਪ੍ਰਭੂ ਦੇ ਨਾਮ ਦਾ ਸੁਆਦ ਨਹੀਂ ਚੱਖਿਆ ਤੇ ਫਿੱਕਾ (ਭਾਵ, ਮਾਇਆ ਸੰਬੰਧੀ ਬਚਨ ਹੀ) ਬੋਲਦਾ ਹੈਂ।
23010	514	ਜਿਨਾ ਗੁਰਮੁਖਿ ਅੰਮ੍ਰਿਤੁ ਚਾਖਿਆ ਸੇ ਜਨ ਤ੍ਰਿਪਤਾਤਾ ॥੧੫॥		Jinaa Guramukh Anmrith Chaakhiaa Sae Jan Thripathaathaa ||15||	Those Gurmukhs who drink in the Ambrosial Nectar are satisfied. ||15||	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਸਨਮੁਖ ਹੋ ਕੇ (ਨਾਮ-ਰੂਪ) ਅੰਮ੍ਰਿਤ ਚਖਿਆ ਹੈ ਉਹ ਰੱਜ ਗਏ ਹਨ ॥੧੫॥
23011	514	ਸਲੋਕੁ ਮਃ ੩॥		Salok Ma 3 ||	Shalok, Third Mehl:	

23012	514	ਵਾਹੁ ਵਾਹੁ ਤਿਸ ਨੋ ਆਖੀਐ ਜਿ ਸਚਾ ਗਹਿਰ ਗੰਭੀਰੁ॥		Vaahu Vaahu This No Aakheeai J Sachaa Gehir Ganbheer ||	Chant Waaho! Waaho! to the Lord, who is True, profound and unfathomable.	ਉਸ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ, ਜੋ ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ ਤੇ ਵੱਡੇ ਜਿਗਰੇ ਵਾਲਾ ਹੈ,
23013	514	ਵਾਹੁ ਵਾਹੁ ਤਿਸ ਨੋ ਆਖੀਐ ਜਿ ਗੁਣਦਾਤਾ ਮਤਿ ਧੀਰੁ॥		Vaahu Vaahu This No Aakheeai J Gunadhaathaa Math Dhheer ||	Chant Waaho! Waaho! to the Lord, who is the Giver of virtue, intelligence and patience.	ਉਸ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ, ਜੋ (ਆਪਣੇ ਭਗਤਾਂ ਨੂੰ) ਗੁਣ ਬਖ਼ਸ਼ਣ ਵਾਲਾ ਹੈ ਤੇ ਅਡੋਲ ਮੱਤ ਵਾਲਾ ਹੈ,
23014	515	ਵਾਹੁ ਵਾਹੁ ਤਿਸ ਨੋ ਆਖੀਐ ਜਿ ਸਭ ਮਹਿ ਰਹਿਆ ਸਮਾਇ॥		Vaahu Vaahu This No Aakheeai J Sabh Mehi Rehiaa Samaae ||	Chant Waaho! Waaho! to the Lord, who is permeating and pervading in all.	ਉਸ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ, ਜੋ ਸਭ ਵਿੱਚ ਸਮਾਇਆ ਹੋਇਆ ਹੈ।
23015	515	ਵਾਹੁ ਵਾਹੁ ਤਿਸ ਨੋ ਆਖੀਐ ਜਿ ਦੇਦਾ ਰਿਜਕੁ ਸਬਾਹਿ॥		Vaahu Vaahu This No Aakheeai J Dhaedhaa Rijak Sabaahi ||	Chant Waaho! Waaho! to the Lord, who is the Giver of sustenance to all.	ਉਸ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ, ਜੋ ਸਾਰੇ ਜੀਵਾਂ ਵਿਚ ਵਿਆਪਕ ਹੈ ਤੇ ਜੋ ਸਭ ਨੂੰ ਰਿਜ਼ਕ ਅਪੜਾਉਂਦਾ ਹੈ,

23016	515	ਨਾਨਕ ਵਾਹੁ ਵਾਹੁ ਇਕੋ ਕਰਿ ਸਾਲਾਹੀਐ ਜਿ ਸਤਿਗੁਰ ਦੀਆ ਦਿਖਾਇ॥੧॥		Naanak Vaahu Vaahu Eiko Kar Saalaaheeai J Sathigur Dheeaa Dhikhaae ||1||	O Nanak, Waaho! Waaho! - praise the One Lord, revealed by the True Guru. ||1||	ਹੇ ਨਾਨਕ! ਉਸ ਨੂੰ ਲਾ-ਸ਼ਰੀਕ ਜਾਣ ਕੇ ਉਸ ਦੀ ਵਡਿਆਈ ਕਰੀਏ; ਉਸ ਦਾ ਦਰਸਨ ਸਤਿਗੁਰੂ ਹੀ ਕਰਾਉਂਦਾ ਹੈ ॥੧॥
23017	515	ਮਃ ੩॥		Ma 3 ||	Third Mehl:	
23018	515	ਵਾਹੁ ਵਾਹੁ ਗੁਰਮੁਖ ਸਦਾ ਕਰਹਿ ਮਨਮੁਖ ਮਰਹਿ ਬਿਖੁ ਖਾਇ॥		Vaahu Vaahu Guramukh Sadhaa Karehi Manamukh Marehi Bikh Khaae ||	Waaho! Waaho! The Gurmukhs praise the Lord continually, while the self-willed manmukhs eat poison and die.	ਜੋ ਮਨੁੱਖ ਗੁਰੂ ਦੇ ਸਨਮੁਖ ਹਨ, ਉਹ ਸਦਾ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦੇ ਹਨ; ਪਰ, ਆਪ-ਹੁਦਰੇ ਮਨੁੱਖ ਮਾਇਆ-ਰੂਪ ਜ਼ਹਿਰ ਖਾ ਕੇ ਮਰਦੇ ਹਨ।
23019	515	ਓਨਾ ਵਾਹੁ ਵਾਹੁ ਨ ਭਾਵਈ ਦੁਖੇ ਦੁਖਿ ਵਿਹਾਇ॥		Ounaa Vaahu Vaahu N Bhaavee Dhukhae Dhukh Vihaae ||	They have no love for the Lord's Praises, and they pass their lives in misery.	ਉਹਨਾਂ ਨੂੰ ਸਿਫ਼ਤ-ਸਾਲਾਹ ਚੰਗੀ ਨਹੀਂ ਲੱਗਦੀ, ਇਸ ਵਾਸਤੇ ਉਹਨਾਂ ਦੀ ਸਾਰੀ ਉਮਰ ਦੁੱਖ ਵਿਚ ਹੀ ਬੀਤਦੀ ਹੈ।
23020	515	ਗੁਰਮੁਖਿ ਅੰਮ੍ਰਿਤੁ ਪੀਵਣਾ ਵਾਹੁ ਵਾਹੁ ਕਰਹਿ ਲਿਵ ਲਾਇ॥		Guramukh Anmrith Peevanaa Vaahu Vaahu Karehi Liv Laae ||	The Gurmukhs drink in the Ambrosial Nectar, and they center their consciousness on the Lord's Praises.	ਗੁਰਮੁਖਾਂ ਦਾ ਜਲ-ਪਾਨ ਹੀ ਨਾਮ-ਅੰਮ੍ਰਿਤ ਹੈ (ਭਾਵ, ਗੁਰਮੁਖਾਂ ਲਈ ਨਾਮ-ਅੰਮ੍ਰਿਤ ਜੀਵਨ ਦਾ ਆਸਰਾ ਹੈ), ਉਹ ਸੁਰਤਿ ਜੋੜ ਕੇ ਸਿਫ਼ਤ ਕਰਦੇ ਹਨ।

23021	515	ਨਾਨਕ ਵਾਹੁ ਵਾਹੁ ਕਰਹਿ ਸੇ ਜਨ ਨਿਰਮਲੇ ਤ੍ਰਿਭਵਣ ਸੋਝੀ ਪਾਇ॥੨॥		Naanak Vaahu Vaahu Karehi Sae Jan Niramalae Thribhavan Sojhee Paae ||2||	O Nanak, those who chant Waaho! Waaho! are immaculate and pure; they obtain the knowledge of the three worlds. ||2||	ਹੇ ਨਾਨਕ! ਜੋ ਮਨੁੱਖ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦੇ ਹਨ ਉਹ ਪਵਿਤ੍ਰ ਹੋ ਜਾਂਦੇ ਹਨ, ਉਹਨਾਂ ਨੂੰ ਤਿੰਨਾਂ ਭਵਨਾਂ (ਵਿਚ ਵਿਆਪਕ ਪ੍ਰਭੂ ਦੀ) ਸੂਝ ਪੈ ਜਾਂਦੀ ਹੈ ॥੨॥
23022	515	ਪਉੜੀ॥		Pourree ||	Pauree:	
23023	515	ਹਰਿ ਕੈ ਭਾਣੈ ਗੁਰੁ ਮਿਲੈ ਸੇਵਾ ਭਗਤਿ ਬਨੀਜੈ॥	(ਬਨੀਜੈ) ਬਣਦੀ ਹੈ	Har Kai Bhaanai Gur Milai Saevaa Bhagath Baneejai ||	By the Lord's Will one meets the Guru serves Him, and worships the Lord.	ਜੇ ਪ੍ਰਭੂ ਦੀ ਰਜ਼ਾ ਹੋਵੇ ਤਾਂ (ਮਨੁੱਖ ਨੂੰ) ਗੁਰੂ ਮਿਲਦਾ ਹੈ ਤੇ (ਉਸ ਵਾਸਤੇ) ਪ੍ਰਭੂ ਦੇ ਸਿਮਰਨ ਤੇ ਭਗਤੀ (ਦੀ ਜੁਗਤ) ਬਣਦੀ ਹੈ,
23024	515	ਹਰਿ ਕੈ ਭਾਣੈ ਹਰਿ ਮਨਿ ਵਸੈ ਸਹਜੇ ਰਸੁ ਪੀਜੈ॥		Har Kai Bhaanai Har Man Vasai Sehajae Ras Peejai ||	By the Lord's Will, the Lord comes to dwell in the mind, and one easily drinks in the sublime essence of the Lord.	ਜੇ ਪ੍ਰਭੂ ਦੀ ਰਜ਼ਾ ਹੋਵੇ ਤਾਂ ਪ੍ਰਭੂ ਮਨ ਵਿਚ ਆ ਕੇ ਵੱਸਦਾ ਹੈ ਤੇ ਅਡੋਲ ਅਵਸਥਾ ਵਿਚ (ਟਿਕਿਆਂ) ਨਾਮ-ਰਸ ਪੀਵੀਦਾ ਹੈ,
23025	515	ਹਰਿ ਕੈ ਭਾਣੈ ਸੁਖੁ ਪਾਈਐ ਹਰਿ ਲਾਹਾ ਨਿਤ ਲੀਜੈ॥		Har Kai Bhaanai Sukh Paaeeai Har Laahaa Nith Leejai ||	By the Lord's Will, one finds peace, and continually earns the Lord's Profit.	ਜੇ ਪ੍ਰਭੂ ਦੀ ਰਜ਼ਾ ਹੋਵੇ ਤਾਂ (ਆਤਮਾ ਨੂੰ) ਸੁਖ ਮਿਲਦਾ ਹੈ ਤੇ (ਜੀਵ-ਵਪਾਰੀ ਨੂੰ) ਸਦਾ ਨਾਮ-ਰੂਪ ਦਾ ਨਫ਼ਾ ਮਿਲਦਾ ਹੈ,

23026	515	ਹਰਿ ਕੈ ਤਖਤਿ ਬਹਾਲੀਐ ਨਿਜ ਘਰਿ ਸਦਾ ਵਸੀਜੈ॥		Har Kai Thakhath Behaaleeai Nij Ghar Sadhaa Vaseejai ||	He is seated on the Lord's throne, and he dwells continually in the home of his own being.	ਇਸ ਤਰ੍ਹਾਂ ਵਾਹਿਗੁਰੂ ਦੇ (ਨਾਮ ਦੇ) ਰਾਜ-ਸਿੰਘਾਸਣ ਉਤੇ ਬੈਠਣ ਨਾਲ, ਪ੍ਰਭੂ ਹਮੇਸ਼ਾਂ ਆਪਣੇ ਨਿੱਜ ਦੇ ਗ੍ਰਹਿ ਵਿੱਚ ਵਸਦਾ ਹੈ।
23027	515	ਹਰਿ ਕਾ ਭਾਣਾ ਤਿਨੀ ਮੰਨਿਆ ਜਿਨਾ ਗੁਰੂ ਮਿਲੀਜੈ॥੧੬॥		Har Kaa Bhaanaa Thinee Manniaa Jinaa Guroo Mileejai ||16||	He alone surrenders to the Lord's Will, who meets the Guru. ||16||	ਜਿਨ੍ਹਾਂ ਮਨੁੱਖਾਂ ਨੂੰ ਸਤਿਗੁਰੂ ਮਿਲ ਪੈਂਦਾ ਹੈ, ਉਹ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ (ਮਿੱਠਾ ਕਰ ਕੇ) ਮੰਨਦੇ ਹਨ ॥੧੬॥
23028	515	ਸਲੋਕੁ ਮਃ ੩॥		Salok Ma 3 ||	Shalok, Third Mehl:	
23029	515	ਵਾਹੁ ਵਾਹੁ ਸੇ ਜਨ ਸਦਾ ਕਰਹਿ ਜਿਨ੍ ਕਉ ਆਪੇ ਦੇਇ ਬੁਝਾਇ॥	ਬੁੱਝਾਇ	Vaahu Vaahu Sae Jan Sadhaa Karehi Jinh Ko Aapae Dhaee Bujhaae ||	Waaho! Waaho! Those humble beings ever praise the Lord, unto whom the Lord Himself grants understanding.	ਜਿਨ੍ਹਾਂ ਮਨੁੱਖਾਂ ਨੂੰ ਪ੍ਰਭੂ ਆਪ ਹੀ ਸੁਮੱਤ ਬਖ਼ਸ਼ਦਾ ਹੈ ਉਹ ਸਦਾ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦੇ ਹਨ,
23030	515	ਵਾਹੁ ਵਾਹੁ ਕਰਤਿਆ ਮਨੁ ਨਿਰਮਲੁ ਹੋਵੈ ਹਉਮੈ ਵਿਚਹੁ ਜਾਇ॥		Vaahu Vaahu Karathiaa Man Niramal Hovai Houmai Vichahu Jaae ||	Chanting Waaho! Waaho!, the mind is purified, and egotism departs from within.	ਪ੍ਰਭੂ ਦੀ ਸਿਫ਼ਤ-ਸਾਲਾਹ ਕੀਤਿਆਂ ਮਨ ਪਵਿਤ੍ਰ ਹੁੰਦਾ ਹੈ ਤੇ ਮਨ ਵਿਚੋਂ ਹਉਮੈ ਦੂਰ ਹੁੰਦੀ ਹੈ।

23031	515	ਵਾਹੁ ਵਾਹੁ ਗੁਰਸਿਖੁ ਜੋ ਨਿਤ ਕਰੇ ਸੋ ਮਨ ਚਿੰਦਿਆ ਫਲੁ ਪਾਇ॥		Vaahu Vaahu Gurasikh Jo Nith Karae So Man Chindhiaa Fal Paae ||	The Gurmukh who continually chants Waaho! Waaho! attains the fruits of his heart's desires.	ਜੋ ਭੀ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ, ਉਸ ਨੂੰ ਮਨ-ਇੱਛਤ ਫਲ ਮਿਲਦਾ ਹੈ।
23032	515	ਵਾਹੁ ਵਾਹੁ ਕਰਹਿ ਸੇ ਜਨ ਸੋਹਣੇ ਹਰਿ ਤਿਨ੍ਹ ਕੈ ਸੰਗਿ ਮਿਲਾਇ॥		Vaahu Vaahu Karehi Sae Jan Sohanae Har Thinh Kai Sang Milaae ||	Beauteous are those humble beings who chant Waaho! Waaho! O Lord, let me join them!	ਜੋ ਸਿਫ਼ਤ-ਸਾਲਾਹ ਕਰਦੇ ਹਨ, ਉਹ ਸੋਹਣੇ ਦਾਸ ਪ੍ਰਭੂ ਦਾ ਮਿਲਾਪ ਕਰ ਲੈਂਦੇ ਹਨ।
23033	515	ਵਾਹੁ ਵਾਹੁ ਹਿਰਦੈ ਉਚਰਾ ਮੁਖਹੁ ਭੀ ਵਾਹੁ ਵਾਹੁ ਕਰੇਉ॥		Vaahu Vaahu Hiradhai Oucharaa Mukhahu Bhee Vaahu Vaahu Karaeo ||	Within my heart, I chant Waaho! Waaho!, and with my mouth, Waaho! Waaho!	ਜੋ ਹਿਰਦੇ ਵਿੱਚ ਸਿਫ਼ਤ-ਸਾਲਾਹ ਕਰਦੇ ਹਨ, ਉਹਨ੍ਹਾਂ ਦੇ ਮੂਹੋਂ ਵੀ ਸਿਫਤ-ਸਲਾਹ ਹੀ ਨਿਲਦੀ ਹੈ।
23034	515	ਨਾਨਕ ਵਾਹੁ ਵਾਹੁ ਜੋ ਕਰਹਿ ਹਉ ਤਨੁ ਮਨੁ ਤਿਨ੍ਹ ਕਉ ਦੇਉ॥੧॥		Naanak Vaahu Vaahu Jo Karehi Ho Than Man Thinh Ko Dhaeo ||1||	O Nanak, those who chant Waaho! Waaho! - unto them I dedicate my body and mind. ||1||	ਹੇ ਨਾਨਕ! ਜੋ ਮਨੁੱਖ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦੇ ਹਨ, ਮੈਂ ਆਪਣਾ ਤਨ ਮਨ ਉਹਨਾਂ ਅੱਗੇ ਭੇਟ ਕਰ ਦਿਆਂ ॥੧॥
23035	515	ਮਃ ੩॥		Ma 3 ||	Third Mehl:	

23036	515	ਵਾਹੁ ਵਾਹੁ ਸਾਹਿਬੁ ਸਚੁ ਹੈ ਅੰਮ੍ਰਿਤੁ ਜਾ ਕਾ ਨਾਉ॥		Vaahu Vaahu Saahib Sach Hai Anmrith Jaa Kaa Naao ||	Waaho! Waaho! is the True Lord Master; His Name is Ambrosial Nectar.	ਜਿਸ ਮਾਲਕ ਪ੍ਰਭੂ ਦਾ ਨਾਮ (ਜੀਵਾਂ ਨੂੰ) ਆਤਮਕ ਬਲ ਦੇਣ ਵਾਲਾ ਹੈ ਉਸ ਦੀ ਸਿਫ਼ਤ-ਸਾਲਾਹ ਉਸੇ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਸਰੂਪ ਹੈ।
23037	515	ਜਿਨਿ ਸੇਵਿਆ ਤਿਨਿ ਫਲੁ ਪਾਇਆ ਹਉ ਤਿਨ ਬਲਿਹਾਰੈ ਜਾਉ॥		Jin Saeviaa Thin Fal Paaeiaa Ho Thin Balihaarai Jaao ||	Those who serve the Lord are blessed with the fruit; I am a sacrifice to them.	ਜਿਸ ਜਿਸ ਮਨੁੱਖ ਨੇ ਪ੍ਰਭੂ ਨੂੰ ਸਿਮਰਿਆ ਹੈ ਉਸ ਉਸ ਨੇ (ਨਾਮ-ਅੰਮ੍ਰਿਤ) ਫਲ ਪ੍ਰਾਪਤ ਕਰ ਲਿਆ ਹੈ, ਮੈਂ ਅਜੇਹੇ ਗੁਰਮੁਖਾਂ ਤੋਂ ਸਦਕੇ ਹਾਂ।
23038	515	ਵਾਹੁ ਵਾਹੁ ਗੁਣੀ ਨਿਧਾਨੁ ਹੈ ਜਿਸ ਨੋ ਦੇਇ ਸੁ ਖਾਇ॥		Vaahu Vaahu Gunee Nidhhaan Hai Jis No Dhaee S Khaae ||	Waaho! Waaho! is the treasure of virtue; he alone tastes it, who is so blessed.	ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੀ ਸਿਫ਼ਤ ਉਸ ਦਾ ਹੀ ਰੂਪ ਹੈ, ਪ੍ਰਭੂ ਜਿਸ ਨੂੰ ਇਹ ਖ਼ਜ਼ਾਨਾ ਬਖ਼ਸ਼ਦਾ ਹੈ ਉਹ ਇਸ ਨੂੰ ਵਰਤਦਾ ਹੈ।
23039	515	ਵਾਹੁ ਵਾਹੁ ਜਲਿ ਥਲਿ ਭਰਪੂਰੁ ਹੈ ਗੁਰਮੁਖਿ ਪਾਇਆ ਜਾਇ॥		Vaahu Vaahu Jal Thhal Bharapoor Hai Guramukh Paaeiaa Jaae ||	Waaho! Waaho! The Lord is pervading and permeating the oceans and the land; the Gurmukh attains Him.	ਸਿਫ਼ਤ ਦਾ ਮਾਲਕ ਪ੍ਰਭੂ ਪਾਣੀ ਵਿਚ ਧਰਤੀ ਉਤੇ ਹਰ ਥਾਂ ਵਿਆਪਕ ਹੈ, ਗੁਰੂ ਦੇ ਰਾਹ ਤੇ ਤੁਰਦਿਆਂ ਉਹ ਪ੍ਰਭੂ ਮਿਲਦਾ ਹੈ।

23040	515	ਵਾਹੁ ਵਾਹੁ ਗੁਰਸਿਖ ਨਿਤ ਸਭ ਕਰਹੁ ਗੁਰ ਪੂਰੇ ਵਾਹੁ ਵਾਹੁ ਭਾਵੈ॥		Vaahu Vaahu Gurasikh Nith Sabh Karahu Gur Poorae Vaahu Vaahu Bhaavai ||	Waaho! Waaho! Let all the Gursikhs continually praise Him. Waaho! Waaho! The Perfect Guru is pleased with His Praises.	ਹੇ ਗੁਰ-ਸਿੱਖੋ! ਸਾਰੇ ਸਦਾ ਪ੍ਰਭੂ ਦੇ ਗੁਣ ਗਾਵੋ, ਪੂਰੇ ਗੁਰੂ ਨੂੰ ਪ੍ਰਭੂ ਦੀ ਸਿਫ਼ਤ-ਸਾਲਾਹ ਮਿੱਠੀ ਲੱਗਦੀ ਹੈ।
23041	515	ਨਾਨਕ ਵਾਹੁ ਵਾਹੁ ਜੋ ਮਨਿ ਚਿਤਿ ਕਰੇ ਤਿਸੁ ਜਮਕੰਕਰੁ ਨੇੜਿ ਨ ਆਵੈ॥੨॥		Naanak Vaahu Vaahu Jo Man Chith Karae This Jamakankar Naerr N Aavai ||2||	O Nanak, one who chants Waaho! Waaho! with his heart and mind - the Messenger of Death does not approach him. ||2||	ਹੇ ਨਾਨਕ! ਜੋ ਮਨੁੱਖ ਇਕ-ਮਨ ਹੋ ਕੇ ਸਿਫ਼ਤ-ਸਾਲਾਹ ਕਰਦਾ ਹੈ, ਉਸ ਨੂੰ ਮੌਤ ਦਾ ਡਰ ਪੋਹ ਨਹੀਂ ਸਕਦਾ ॥੨॥
23042	515	ਪਉੜੀ॥		Pourree ||	Pauree:	
23043	515	ਹਰਿ ਜੀਉ ਸਚਾ ਸਚੁ ਹੈ ਸਚੀ ਗੁਰਬਾਣੀ॥		Har Jeeo Sachaa Sach Hai Sachee Gurabaanee ||	The Dear Lord is the Truest of the True; True is the Word of the Guru's Bani.	ਪ੍ਰਭੂ ਸਦਾ-ਥਿਰ ਰਹਿਣ ਵਾਲਾ ਹੈ, ਗੁਰੂ ਦੀ ਬਾਣੀ ਉਸ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਹੈ,
23044	515	ਸਤਿਗੁਰ ਤੇ ਸਚੁ ਪਛਾਣੀਐ ਸਚਿ ਸਹਜਿ ਸਮਾਣੀ॥		Sathigur Thae Sach Pashhaaneeai Sach Sehaj Samaanee ||	Through the True Guru, the Truth is realized, and one is easily absorbed in the True Lord.	ਗੁਰੂ ਦੀ ਰਾਹੀਂ ਉਸ ਪ੍ਰਭੂ ਨਾਲ ਜਾਣ-ਪਛਾਣ ਬਣਦੀ ਹੈ ਤੇ ਸਦਾ-ਥਿਰ ਅਡੋਲ ਅਵਸਥਾ ਵਿਚ ਟਿਕ ਸਕੀਦਾ ਹੈ।

23045	515	ਅਨ ਦਿਨੁ ਜਾਗਹਿ ਨਾ ਸਵਹਿ ਜਾਗਤ ਰੈਣਿ ਵਿਹਾਣੀ॥		Anadhin Jaagehi Naa Savehi Jaagath Rain Vihaanee ||	Night and day, they remain awake, and do not sleep; in wakefulness, the night of their lives passes.	ਉਹ ਹਰ ਵੇਲੇ ਸੁਚੇਤ ਰਹਿੰਦੇ ਹਨ, (ਮਾਇਆ ਦੇ ਮੋਹ ਵਿਚ) ਨਹੀਂ ਸਉਂਦੇ, ਉਹਨਾਂ ਦੀ ਜ਼ਿੰਦਗੀ-ਰੂਪ ਸਾਰੀ ਰਾਤ ਸੁਚੇਤ ਰਹਿ ਕੇ ਗੁਜ਼ਰਦੀ ਹੈ,
23046	515	ਗੁਰਮਤੀ ਹਰਿ ਰਸੁ ਚਾਖਿਆ ਸੇ ਪੁੰਨ ਪਰਾਣੀ॥		Guramathee Har Ras Chaakhiaa Sae Punn Paraanee ||	Those who taste the sublime essence of the Lord, through the Guru's Teachings, are the most worthy persons.	ਤੇ ਉਹ ਮਨੁੱਖ ਭਾਗਾਂ ਵਾਲੇ ਹਨ ਜਿਨ੍ਹਾਂ ਨੇ ਗੁਰੂ ਦੇ ਰਾਹ ਤੇ ਤੁਰ ਕੇ ਪ੍ਰਭੂ ਦੇ ਨਾਮ ਦਾ ਰਸ ਚੱਖਿਆ ਹੈ।
23047	515	ਬਿਨੁ ਗੁਰ ਕਿਨੈ ਨ ਪਾਇਓ ਪਚਿ ਮੁਏ ਅਜਾਣੀ॥੧੭॥		Bin Gur Kinai N Paaeiou Pach Mueae Ajaanee ||17||	Without the Guru, no one has obtained the Lord; the ignorant rot away and die. ||17||	ਪਰ, ਗੁਰੂ ਦੀ ਸਰਨ ਆਉਣ ਤੋਂ ਬਿਨਾ ਕਿਸੇ ਨੂੰ ਪ੍ਰਭੂ ਨਹੀਂ ਮਿਲਿਆ, ਅੰਞਾਣ ਲੋਕ (ਮਾਇਆ ਦੇ ਮੋਹ ਵਿਚ) ਖਪ ਖਪ ਕੇ ਦੁਖੀ ਹੁੰਦੇ ਹਨ ॥੧੭॥
23048	515	ਸਲੋਕੁ ਮਃ ੩॥		Salok Ma 3 ||	Shalok, Third Mehl:	
23049	515	ਵਾਹੁ ਵਾਹੁ ਬਾਣੀ ਨਿਰੰਕਾਰ ਹੈ ਤਿਸੁ ਜੇਵਡੁ ਅਵਰੁ ਨ ਕੋਇ॥		Vaahu Vaahu Baanee Nirankaar Hai This Jaevadd Avar N Koe ||	Waaho! Waaho! is the Bani, the Word, of the Formless Lord. There is no other as great as He is.	ਪ੍ਰਭੂ ਦੀ ਸਿਫ਼ਤ-ਸਾਲਾਹ ਉਸੇ ਦਾ ਰੂਪ ਹੈ, ਜੋ ਆਕਾਰ-ਰਹਿਤ ਹੈ ਤੇ ਜਿਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ।

23050	515	ਵਾਹੁ ਵਾਹੁ ਅਗਮ ਅਥਾਹੁ ਹੈ ਵਾਹੁ ਵਾਹੁ ਸਚਾ ਸੋਇ॥	(ਅ-ਗਮ) ਸੋਗਰਹਿਤ:ਪੋਲਾ ਬੋਲੋ	Vaahu Vaahu Agam Athhaahu Hai Vaahu Vaahu Sachaa Soe ||	Waaho! Waaho! The Lord is unfathomable and inaccessible. Waaho! Waaho! He is the True One.	ਉਹ ਸਿਫ਼ਤ-ਸਾਲਾਹ ਦੇ ਲਾਇਕ ਪ੍ਰਭੂ ਅਪਹੁੰਚ ਹੈ, ਜਿਸ ਦੀ ਥਾਹ ਨਹੀਂ ਪਾਈ ਜਾ ਸਕਦੀ, ਉਹ ਸਿਫ਼ਤ-ਸਾਲਾਹ ਦੇ ਲਾਇਕ ਸਦਾ-ਥਿਰ ਹੈ।
23051	515	ਵਾਹੁ ਵਾਹੁ ਵੇਪਰਵਾਹੁ ਹੈ ਵਾਹੁ ਵਾਹੁ ਕਰੇ ਸੁ ਹੋਇ॥		Vaahu Vaahu Vaeparavaahu Hai Vaahu Vaahu Karae S Hoe ||	Waaho! Waaho! He is the self-existent Lord. Waaho! Waaho! As He wills, so it comes to pass.	ਉਹ ਸਿਫ਼ਤ-ਸਾਲਾਹ ਦੇ ਲਾਇਕ ਬੇਪਰਵਾਹ ਹੈ। ਉਹ ਸਿਫ਼ਤ-ਸਾਲਾਹ ਦੇ ਲਾਇਕ ਪ੍ਰਭੂ ਜੋ ਕਰਦਾ ਹੈ ਉਹੀ ਹੁੰਦਾ ਹੈ।
23052	515	ਵਾਹੁ ਵਾਹੁ ਅੰਮ੍ਰਿਤ ਨਾਮੁ ਹੈ ਗੁਰਮੁਖਿ ਪਾਵੈ ਕੋਇ॥		Vaahu Vaahu Anmrith Naam Hai Guramukh Paavai Koe ||	Waaho! Waaho! is the Ambrosial Nectar of the Naam, the Name of the Lord, obtained by the Gurmukh.	ਉਹ ਸਿਫ਼ਤ-ਸਾਲਾਹ ਦੇ ਲਾਇਕ ਪ੍ਰਭੂ ਆਤਮਕ ਜੀਵਨ ਦੇਣ ਵਾਲਾ ਹੈ, ਪਰ ਉਸ ਦੀ ਪ੍ਰਾਪਤੀ ਕਿਸੇ ਗੁਰਮੁਖ ਨੂੰ ਹੀ ਹੁੰਦੀ ਹੈ।
23053	515	ਵਾਹੁ ਵਾਹੁ ਕਰਮੀ ਪਾਈਐ ਆਪਿ ਦਇਆ ਕਰਿ ਦੇਇ॥		Vaahu Vaahu Karamee Paaeeai Aap Dhaeiaa Kar Dhaee ||	Waaho! Waaho! This is realized by His Grace, as He Himself grants His Grace.	ਸਿਫ਼ਤ-ਸਾਲਾਹ ਦੀ ਦਾਤ ਭਾਗਾਂ ਨਾਲ ਹੀ ਮਿਲਦੀ ਹੈ, ਜਿਸ ਨੂੰ ਮੇਹਰ ਕਰ ਕੇ ਆਪ ਪ੍ਰਭੂ ਦੇਂਦਾ ਹੈ।

23054	516	ਨਾਨਕ ਵਾਹੁ ਵਾਹੁ ਗੁਰਮੁਖਿ ਪਾਈਐ ਅਨ ਦਿਨੁ ਨਾਮੁ ਲਏਇ॥੧॥	ਲਏ-ਇ	Naanak Vaahu Vaahu Guramukh Paaeeai Anadhin Naam Leaee ||1||	O Nanak, Waaho! Waaho! This is obtained by the Gurmukhs, who hold tight to the Naam, night and day. ||1||	ਹੇ ਨਾਨਕ! ਜੋ ਮਨੁੱਖ ਗੁਰੂ ਦੇ ਹੁਕਮ ਵਿਚ ਤੁਰਦਾ ਹੈ ਉਸ ਨੂੰ ਸਿਫ਼ਤ-ਸਾਲਾਹ ਦੀ ਦਾਤ ਮਿਲਦੀ ਹੈ, ਉਹ ਹਰ ਵੇਲੇ ਪ੍ਰਭੂ ਦਾ ਨਾਮ ਜਪਦਾ ਹੈ ॥੧॥
23055	516	ਮਃ ੩॥		Ma 3 ||	Third Mehl:	
23056	516	ਬਿਨੁ ਸਤਿਗੁਰ ਸੇਵੇ ਸਾਤਿ ਨ ਆਵਈ ਦੂਜੀ ਨਾਹੀ ਜਾਇ॥		Bin Sathigur Saevae Saath N Aavee Dhoojee Naahee Jaae ||	Without serving the True Guru, peace is not obtained, and the sense of duality does not depart.	ਸਤਿਗੁਰੂ ਦੀ ਦੱਸੀ ਸੇਵਾ ਕਰਨ ਤੋਂ ਬਿਨਾ ਸ਼ਾਂਤੀ ਨਹੀਂ ਆਉਂਦੀ ਤੇ (ਸਤਿਗੁਰੂ ਤੋਂ ਬਿਨਾ) ਹੋਰ ਕੋਈ ਥਾਂ ਨਹੀਂ (ਜਿਥੇ ਇਹ ਮਿਲ ਸਕੇ),
23057	516	ਜੇ ਬਹੁਤੇਰਾ ਲੋਚੀਐ ਵਿਣੁ ਕਰਮੈ ਨ ਪਾਇਆ ਜਾਇ॥		Jae Bahuthaeraa Locheeai Vin Karamai N Paaeiaa Jaae ||	No matter how much one may wish, without the Lord's Grace, He is not found.	ਭਾਵੇਂ ਕਿਤਨੀ ਹੀ ਤਾਂਘ ਕਰੀਏ, ਮੇਹਰ ਤੋਂ ਬਿਨਾ ਪ੍ਰਭੂ ਦੀ ਪ੍ਰਾਪਤੀ ਨਹੀਂ ਹੋ ਸਕਦੀ।
23058	516	ਜਿਨ੍ਹਾ ਅੰਤਰਿ ਲੋਭ ਵਿਕਾਰੁ ਹੈ ਦੂਜੈ ਭਾਇ ਖੁਆਇ॥		Jinhaa Anthar Lobh Vikaar Hai Dhoojai Bhaae Khuaae ||	Those who are filled with greed and corruption are ruined by the love of duality.	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਲੋਭ ਦਾ ਔਗੁਣ ਹੈ, ਉਹ ਮਾਇਆ ਦੇ ਪਿਆਰ ਵਿਚ ਭੁੱਲੇ ਹੋਏ ਹਨ,

23059	516	ਜੰਮਣੁ ਮਰਣੁ ਨ ਚੁਕਈ ਹਉਮੈ ਵਿਚਿ ਦੁਖੁ ਪਾਇ॥		Janman Maran N Chukee Houmai Vich Dhukh Paae ||	They cannot escape birth and death, and with egotism within them, they suffer in misery.	ਉਹਨਾਂ ਦਾ ਜੰਮਣਾ ਮਰਣਾ ਮੁੱਕਦਾ ਨਹੀਂ ਤੇ ਉਹ ਅਹੰਕਾਰ ਵਿਚ ਕਲੇਸ਼ ਉਠਾਉਂਦੇ ਹਨ।
23060	516	ਜਿਨ੍ਹਾ ਸਤਿਗੁਰ ਸਿਉ ਚਿਤੁ ਲਾਇਆ ਸੁ ਖਾਲੀ ਕੋਈ ਨਾਹਿ॥		Jinhaa Sathigur Sio Chith Laaeiaa S Khaalee Koee Naahi ||	Those who center their consciousness on the True Guru, never go empty-handed.	ਜਿਨ੍ਹਾਂ ਮਨੁੱਖਾਂ ਨੇ ਆਪਣੇ ਸਤਿਗੁਰੂ ਨਾਲ ਚਿੱਤ ਜੋੜਿਆ ਹੈ ਉਹਨਾਂ ਵਿਚੋਂ (ਪ੍ਰਭੂ ਦੇ ਮਿਲਾਪ ਤੋਂ) ਵਾਂਜਿਆਂ ਕੋਈ ਨਹੀਂ ਰਿਹਾ,
23061	516	ਤਿਨ ਜਮ ਕੀ ਤਲਬ ਨ ਹੋਵਈ ਨਾ ਓਇ ਦੁਖ ਸਹਾਹਿ॥	(ਤਲਬ) ਬੁਲਾਵਾ	Thin Jam Kee Thalab N Hovee Naa Oue Dhukh Sehaahi ||	They are not summoned by the Messenger of Death, and they do not suffer in pain.	ਨਾ ਤਾਂ ਉਹਨਾਂ ਨੂੰ ਜਮ ਦਾ ਸੱਦਾ ਪੈਂਦਾ ਹੈ ਤੇ ਨਾ ਉਹ ਦੁੱਖ ਸਹਿੰਦੇ ਹਨ (ਭਾਵ, ਉਹਨਾਂ ਨੂੰ ਮੌਤ ਦਾ ਸਹਮ ਪੋਹ ਨਹੀਂ ਸਕਦਾ)।
23062	516	ਨਾਨਕ ਗੁਰਮੁਖਿ ਉਬਰੇ ਸਚੈ ਸਬਦਿ ਸਮਾਹਿ॥੨॥		Naanak Guramukh Oubarae Sachai Sabadh Samaahi ||2||	O Nanak, the Gurmukhs are saved; they merge in the True Lord. ||2||	ਹੇ ਨਾਨਕ! ਜੋ ਮਨੁੱਖ ਗੁਰੂ ਦੇ ਸਨਮੁਖ ਹੋਏ ਹਨ, ਉਹ (ਦੁੱਖਾਂ ਤੋਂ) ਬਚ ਗਏ ਹਨ ਤੇ ਸੱਚੇ ਸ਼ਬਦ ਵਿਚ ਲੀਨ ਰਹਿੰਦੇ ਹਨ ॥੨॥
23063	516	ਪਉੜੀ॥		Pourree ||	Pauree:	

23064	516	ਢਾਢੀ ਤਿਸ ਨੋ ਆਖੀਐ ਜਿ ਖਸਮੈ ਧਰੇ ਪਿਆਰੁ॥	(ਢਾਢੀ) ਜਸ ਕਰਨ ਵਾਲਾ	Dtaadtee This No Aakheeai J Khasamai Dhharae Piaar ||	He alone is called a minstrel, who enshrines love for his Lord and Master.	ਜੋ ਮਨੁੱਖ ਆਪਣੇ ਮਾਲਕ-ਪ੍ਰਭੂ ਨਾਲ ਪਿਆਰ ਪਾਉਂਦਾ ਹੈ, ਉਹੀ ਪ੍ਰਭੂ ਦਾ ਢਾਢੀ ਅਖਵਾ ਸਕਦਾ ਹੈ (ਭਾਵ, ਪ੍ਰਭੂ ਦੀ ਸਿਫ਼ਤ-ਸਾਲਾਹ ਉਹੀ ਬੰਦਾ ਕਰ ਸਕਦਾ ਹੈ),
23065	516	ਦਰਿ ਖੜਾ ਸੇਵਾ ਕਰੇ ਗੁਰ ਸਬਦੀ ਵੀਚਾਰੁ॥		Dhar Kharraa Saevaa Karae Gur Sabadhee Veechaar ||	Standing at the Lord's Door, he serves the Lord, and reflects upon the Word of the Guru's Shabad.	ਉਹ ਮਨੁੱਖ ਪ੍ਰਭੂ ਦੀ ਹਜ਼ੂਰੀ ਵਿਚ ਟਿਕ ਕੇ ਉਸ ਦਾ ਸਿਮਰਨ ਕਰਦਾ ਹੈ ਤੇ ਗੁਰੂ ਦੇ ਸ਼ਬਦ ਰਾਹੀਂ ਉਸ ਦੇ ਗੁਣਾਂ ਦੀ ਵਿਚਾਰ ਕਰਦਾ ਹੈ।
23066	516	ਢਾਢੀ ਦਰੁ ਘਰੁ ਪਾਇਸੀ ਸਚੁ ਰਖੈ ਉਰ ਧਾਰਿ॥		Dtaadtee Dhar Ghar Paaeisee Sach Rakhai Our Dhhaar ||	The minstrel attains the Lord's Gate and Mansion, and he keeps the True Lord clasped to his heart.	ਜਿਉਂ ਜਿਉਂ ਉਹ ਢਾਢੀ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਉਂਦਾ ਹੈ, ਉਹ ਪ੍ਰਭੂ ਦੇ ਚਰਨਾਂ ਵਿਚ ਜੁੜਦਾ ਹੈ,
23067	516	ਢਾਢੀ ਕਾ ਮਹਲੁ ਅਗਲਾ ਹਰਿ ਕੈ ਨਾਇ ਪਿਆਰਿ॥		Dtaadtee Kaa Mehal Agalaa Har Kai Naae Piaar ||	The status of the minstrel is exalted; he loves the Name of the Lord.	ਐਸੇ ਢਾਢੀ ਨੂੰ ਪ੍ਰਭੂ ਦੇ ਨਾਮ ਵਿਚ ਪਿਆਰ ਕਰਨ ਨਾਲ ਉਸ ਦੇ ਮਨ ਦੀ ਅਵਸਥਾ ਬਹੁਤ ਉੱਚੀ ਹੋ ਜਾਂਦੀ ਹੈ,
23068	516	ਢਾਢੀ ਕੀ ਸੇਵਾ ਚਾਕਰੀ ਹਰਿ ਜਪਿ ਹਰਿ ਨਿਸਤਾਰਿ॥੧੮॥		Dtaadtee Kee Saevaa Chaakaree Har Jap Har Nisathaar ||18||	The service of the minstrel is to meditate on the Lord; he is emancipated by the Lord. ||18||	ਬੱਸ, ਉਹ ਢਾਢੀ ਇਹੀ ਸੇਵਾ ਕਰਦਾ ਹੈ, ਇਹੀ ਚਾਕਰੀ ਕਰਦਾ ਹੈ ਕਿ ਉਹ ਪ੍ਰਭੂ ਦਾ ਨਾਮ ਜਪਦਾ ਹੈ, ਤੇ ਪ੍ਰਭੂ ਉਸ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੧੮॥
23069	516	ਸਲੋਕੁ ਮਃ ੩॥		Salok Ma 3 ||	Shalok, Third Mehl:	

23070	516	ਗੂਜਰੀ ਜਾਤਿ ਗਵਾਰਿ ਜਾ ਸਹੁ ਪਾਏ ਆਪਣਾ॥		Goojaree Jaath Gavaar Jaa Sahu Paaeae Aapanaa ||	The milkmaid's status is very low, but she attains her Husband Lord	ਮੋਟੀ ਜਾਤਿ ਦੀ ਗੁਜਰੀ ਕੁਲਵੰਤੀ ਇਸਤ੍ਰੀ ਬਣ ਗਈ (ਉੱਚੀ ਜਾਤਿ ਵਾਲੀ ਹੋ ਗਈ) ਜਦੋਂ ਉਸ ਨੇ ਆਪਣਾ ਖਸਮ ਲੱਭ ਲਿਆ।
23071	516	ਗੁਰ ਕੈ ਸਬਦਿ ਵੀਚਾਰਿ ਅਨ ਦਿਨੁ ਹਰਿ ਜਪੁ ਜਾਪਣਾ॥		Gur Kai Sabadh Veechaar Anadhin Har Jap Jaapanaa ||	When she reflects upon the Word of the Guru's Shabad, and chants the Lord's Name, night and day.	ਜੋ ਸਤਿਗੁਰੂ ਦੇ ਸ਼ਬਦ ਦੁਆਰਾ ਵਿਚਾਰ ਕਰ ਕੇ ਹਰ ਰੋਜ਼ ਪ੍ਰਭੂ ਦਾ ਸਿਮਰਨ ਕਰਦੀ ਹੈ,
23072	516	ਜਿਸੁ ਸਤਿਗੁਰੁ ਮਿਲੈ ਤਿਸੁ ਭਉ ਪਵੈ ਸਾ ਕੁਲਵੰਤੀ ਨਾਰਿ॥	(ਕੁਲਵੰਤੀ) ਉੱਚੇ ਕੁੱਲ ਵਾਲੀ	Jis Sathigur Milai This Bho Pavai Saa Kulavanthee Naar ||	She who meets the True Guru, lives in the Fear of God; she is a woman of noble birth.	ਤੇ ਜਿਸ ਨੂੰ ਗੁਰੂ ਮਿਲਣ ਦੇ ਰਾਹੀਂ ਅੰਦਰ ਪਰਮਾਤਮਾ ਦਾ ਡਰ ਪੈਦਾ ਹੁੰਦਾ ਹੈ, ਉਹ (ਜੀਵ-) ਇਸਤ੍ਰੀ ਕੁਲਵੰਤੀ ਹੋ ਜਾਂਦੀ ਹੈ।
23073	516	ਸਾ ਹੁਕਮੁ ਪਛਾਣੈ ਕੰਤ ਕਾ ਜਿਸ ਨੋ ਕ੍ਰਿਪਾ ਕੀਤੀ ਕਰਤਾਰਿ॥		Saa Hukam Pashhaanai Kanth Kaa Jis No Kirapaa Keethee Karathaar ||	She alone realizes the Hukam of her Husband Lord's Command, who is blessed by the Creator Lord's Mercy.	ਜਿਸ ਤੇ ਕਰਤਾਰ ਨੇ ਆਪ ਮਿਹਰ ਕੀਤੀ ਹੋਵੇ, ਉਹ ਖਸਮ-ਪ੍ਰਭੂ ਦਾ ਹੁਕਮ ਸਮਝ ਲੈਂਦੀ ਹੈ।
23074	516	ਓਹ ਕੁਚਜੀ ਕੁਲਖਣੀ ਪਰਹਰਿ ਛੋਡੀ ਭਤਾਰਿ॥	ਕੁਚੱਜੀ। ਕੁ-ਲੱਖਣੀ	Ouh Kuchajee Kulakhanee Parehar Shhoddee Bhathaar ||	She who is of little merit and ill-mannered, is discarded and forsaken by her Husband Lord.	ਤੇ ਜਿਸ ਨੂੰ ਖਸਮ (ਪ੍ਰਭੂ) ਨੇ ਛੁੱਟੜ ਛੱਡ ਦਿੱਤਾ ਹੋਵੇ, ਉਹ (ਜੀਵ-) ਇਸਤ੍ਰੀ ਕੁਚੱਜੀ ਤੇ ਖੋਟੇ ਲੱਛਣਾਂ ਵਾਲੀ ਹੁੰਦੀ ਹੈ।

23075	516	ਭੈ ਪਇਐ ਮਲੁ ਕਟੀਐ ਨਿਰਮਲ ਹੋਵੈ ਸਰੀਰੁ॥		Bhai Paeiai Mal Katteeai Niramal Hovai Sareer ||	By the Fear of God, filth is washed off, and the body becomes immaculately pure.	ਜੇ ਹਿਰਦੇ ਵਿਚ ਪ੍ਰਭੂ ਦਾ ਡਰ ਆ ਵੱਸੇ, ਤਾਂ ਮਨ ਦੀ ਮੈਲ ਕੱਟੀ ਜਾਂਦੀ ਹੈ, ਸਰੀਰ ਭੀ ਪਵਿੱਤ੍ਰ ਹੋ ਜਾਂਦਾ ਹੈ;
23076	516	ਅੰਤਰਿ ਪਰਗਾਸੁ ਮਤਿ ਊਤਮ ਹੋਵੈ ਹਰਿ ਜਪਿ ਗੁਣੀ ਗਹੀਰੁ॥		Anthar Paragaas Math Ootham Hovai Har Jap Gunee Geheer ||	The soul is enlightened, and the intellect is exalted, meditating on the Lord, the ocean of excellence.	ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦਾ ਸਿਮਰਨ ਕਰ ਕੇ ਅੰਦਰ ਚਾਨਣ ਹੋ ਜਾਂਦਾ ਹੈ, ਮਤਿ ਉੱਜਲੀ ਹੋ ਜਾਂਦੀ ਹੈ।
23077	516	ਭੈ ਵਿਚਿ ਬੈਸੈ ਭੈ ਰਹੈ ਭੈ ਵਿਚਿ ਕਮਾਵੈ ਕਾਰ॥		Bhai Vich Baisai Bhai Rehai Bhai Vich Kamaavai Kaar ||	One who dwells in the Fear of God, lives in the Fear of God, and acts in the Fear of God.	(ਅਜੇਹੀ ਜੀਵ-ਇਸਤ੍ਰੀ) ਪਰਮਾਤਮਾ ਦੇ ਡਰ ਵਿਚ ਬੈਠਦੀ ਹੈ, ਡਰ ਵਿਚ ਰਹਿੰਦੀ ਹੈ, ਡਰ ਵਿਚ ਕਿਰਤਕਾਰ ਕਰਦੀ ਹੈ,
23078	516	ਐਥੈ ਸੁਖੁ ਵਡਿਆਈਆ ਦਰਗਹ ਮੋਖ ਦੁਆਰ॥		Aithhai Sukh Vaddiaaeeaa Dharageh Mokh Dhuaar ||	He obtains peace and glorious greatness here, in the Lord's Court, and at the Gate of Salvation.	(ਫਿਰ) ਉਸ ਨੂੰ ਇਸ ਜੀਵਨ ਵਿਚ ਆਦਰ ਤੇ ਸੁਖ ਮਿਲਦਾ ਹੈ ਤੇ ਪ੍ਰਭੂ ਦੀ ਹਜ਼ੂਰੀ ਦਾ ਦਰਵਾਜ਼ਾ ਉਸ ਲਈ ਖੁਲ੍ਹ ਜਾਂਦਾ ਹੈ।
23079	516	ਭੈ ਤੇ ਨਿਰਭਉ ਪਾਈਐ ਮਿਲਿ ਜੋਤੀ ਜੋਤਿ ਅਪਾਰ॥		Bhai Thae Nirabho Paaeeai Mil Jothee Joth Apaar ||	Through the Fear of God, the Fearless Lord is obtained, and one's light merges in the Infinite Light.	ਬੇਅੰਤ ਪ੍ਰਭੂ ਦੀ ਜੋਤਿ ਵਿਚ ਆਤਮਾ ਜੋੜਨ ਨਾਲ ਤੇ ਉਸ ਦੇ ਡਰ ਵਿਚ ਰਹਿਣ ਨਾਲ ਉਹ ਨਿਰਭਉ ਪ੍ਰਭੂ ਮਿਲ ਪੈਂਦਾ ਹੈ।

23080	516	ਨਾਨਕ ਖਸਮੈ ਭਾਵੈ ਸਾ ਭਲੀ ਜਿਸ ਨੋ ਆਪੇ ਬਖਸੇ ਕਰਤਾਰੁ॥੧॥		Naanak Khasamai Bhaavai Saa Bhalee Jis No Aapae Bakhasae Karathaar ||1||	O Nanak, that bride alone is good, who is pleasing to her Lord and Master, and whom the Creator Lord Himself forgives. ||1||	ਪਰ, ਹੇ ਨਾਨਕ! ਜਿਸ ਨੂੰ ਕਰਤਾਰ ਆਪ ਬਖ਼ਸ਼ਸ਼ ਕਰੇ ਉਹੀ ਜੀਵ-ਇਸਤ੍ਰੀ ਖਸਮ-ਪ੍ਰਭੂ ਨੂੰ ਪਿਆਰੀ ਲੱਗਦੀ ਹੈ, ਉਹ ਚੰਗੀ ਹੈ ॥੧॥
23081	516	ਮਃ ੩॥		Ma 3 ||	Third Mehl:	
23082	516	ਸਦਾ ਸਦਾ ਸਾਲਾਹੀਐ ਸਚੇ ਕਉ ਬਲਿ ਜਾਉ॥		Sadhaa Sadhaa Saalaaheeai Sachae Ko Bal Jaao ||	Praise the Lord, forever and ever, and make yourself a sacrifice to the True Lord.	ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਹੀ ਸਦਾ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ, ਮੈਂ ਪ੍ਰਭੂ ਤੋਂ ਸਦਕੇ ਹਾਂ।
23083	516	ਨਾਨਕ ਏਕੁ ਛੋਡਿ ਦੂਜੈ ਲਗੈ ਸਾ ਜਿਹਵਾ ਜਲਿ ਜਾਉ॥੨॥		Naanak Eaek Shhodd Dhoojai Lagai Saa Jihavaa Jal Jaao ||2||	O Nanak, let that tongue be burnt, which renounces the One Lord, and attaches itself to another. ||2||	ਪਰ, ਹੇ ਨਾਨਕ! ਉਹ ਜੀਭ ਸੜ ਜਾਏ ਜੋ ਇਕ ਪ੍ਰਭੂ ਨੂੰ ਛੱਡ ਕੇ ਕਿਸੇ ਹੋਰ (ਦੀ ਯਾਦ) ਵਿਚ ਲੱਗੇ ॥੨॥
23084	516	ਪਉੜੀ॥		Pourree ||	Pauree:	
23085	516	ਅੰਸਾ ਅਉਤਾਰੁ ਉਪਾਇਓਨੁ ਭਾਉ ਦੂਜਾ ਕੀਆ॥		Ansaa Aouthaar Oupaaeioun Bhaao Dhoojaa Keeaa ||	From a single particle of His greatness, He created His incarnations, but they indulged in the love of duality.	ਦੇਵਤੇ ਆਦਿਕਾਂ ਦਾ (ਭੀ) ਜਨਮ ਪ੍ਰਭੂ ਨੇ ਆਪ ਹੀ ਕੀਤਾ ਤੇ ਮਾਇਆ ਦਾ ਮੋਹ ਭੀ ਆਪ ਹੀ ਬਣਾਇਆ।

23086	516	ਜਿਉ ਰਾਜੇ ਰਾਜੁ ਕਮਾਵਦੇ ਦੁਖ ਸੁਖ ਭਿੜੀਆ॥		Jio Raajae Raaj Kamaavadhae Dhukh Sukh Bhirreeaa ||	They ruled like kings, and fought for pleasure and pain.	(ਉਹ ਦੇਵਤੇ ਭੀ) ਰਾਜਿਆਂ ਵਾਂਗ ਰਾਜ ਕਰਦੇ ਰਹੇ ਤੇ ਦੁੱਖਾਂ ਸੁਖਾਂ ਦੀ ਖ਼ਾਤਰ ਲੜਦੇ ਰਹੇ।
23087	516	ਈਸਰੁ ਬ੍ਰਹਮਾ ਸੇਵਦੇ ਅੰਤੁ ਤਿਨ੍ਹੀ ਨ ਲਹੀਆ॥		Eesar Brehamaa Saevadhae Anth Thinhee N Leheeaa ||	Those who serve Shiva and Brahma do not find the limits of the Lord.	ਬ੍ਰਹਮਾ ਤੇ ਸ਼ਿਵ (ਵਰਗੇ ਵੱਡੇ ਦੇਵਤੇ ਪ੍ਰਭੂ ਨੂੰ) ਸਿਮਰਦੇ ਰਹੇ ਪਰ ਉਹਨਾਂ ਭੀ (ਉਸ ਦੀ ਅਜਬ ਖੇਡ ਦਾ) ਭੇਦ ਨਾਹ ਲੱਭਾ।
23088	516	ਨਿਰਭਉ ਨਿਰੰਕਾਰੁ ਅਲਖੁ ਹੈ ਗੁਰਮੁਖਿ ਪ੍ਰਗਟੀਆ॥	ਅ-ਲਖੁ: ਪੋਲਾ ਬੋਲੋ	Nirabho Nirankaar Alakh Hai Guramukh Pragatteeaa ||	The Fearless, Formless Lord is unseen and invisible; He is revealed only to the Gurmukh.	ਪਰਮਾਤਮਾ ਨਿ-ਡਰ ਹੈ, ਆਕਾਰ-ਰਹਿਤ ਹੈ ਤੇ ਲਖਿਆ ਨਹੀਂ ਜਾ ਸਕਦਾ, ਗੁਰਮੁਖ ਦੇ ਅੰਦਰ ਪਰਗਟ ਹੁੰਦਾ ਹੈ,
23089	516	ਤਿਥੈ ਸੋਗੁ ਵਿਜੋਗੁ ਨ ਵਿਆਪਈ ਅਸਥਿਰੁ ਜਗਿ ਥੀਆ ॥੧੯॥		Thithhai Sog Vijog N Viaapee Asathhir Jag Thheeaa ||19||	There, one does not suffer sorrow or separation; he becomes stable and immortal in the world. ||19||	ਗੁਰਮੁਖ ਅਵਸਥਾ ਵਿਚ ਚਿੰਤਾ ਤੇ (ਪ੍ਰਭੂ ਨਾਲੋਂ) ਵਿਛੋੜਾ ਦਬਾ ਨਹੀਂ ਪਾ ਸਕਦੇ, ਗੁਰਮੁਖ ਜਗਤ ਵਿਚ (ਮਾਇਆ ਦੇ ਮੋਹ ਵਲੋਂ) ਅਡੋਲ ਰਹਿੰਦਾ ਹੈ ॥੧੯॥
23090	516	ਸਲੋਕੁ ਮਃ ੩॥		Salok Ma 3 ||	Shalok, Third Mehl:	
23091	516	ਏਹੁ ਸਭੁ ਕਿਛੁ ਆਵਣ ਜਾਣੁ ਹੈ ਜੇਤਾ ਹੈ ਆਕਾਰੁ॥		Eaehu Sabh Kishh Aavan Jaan Hai Jaethaa Hai Aakaar ||	All these things come and go, all these things of the world.	ਜਿਤਨਾ ਇਹ ਜਗਤ ਦਿੱਸ ਰਿਹਾ ਹੈ ਇਹ ਸਾਰਾ ਆਉਣ ਤੇ ਜਾਣ ਵਾਲਾ ਹੈ (ਭਾਵ, ਕਦੇ ਇਕੋ ਹਾਲਤ ਵਿਚ ਨਹੀਂ ਰਹਿੰਦਾ),

23092	516	ਜਿਨਿ ਏਹੁ ਲੇਖਾ ਲਿਖਿਆ ਸੋ ਹੋਆ ਪਰਵਾਣੁ॥		Jin Eaehu Laekhaa Likhiaa So Hoaa Paravaan ||	One who knows this written account is acceptable and approved.	ਜੋ ਇਹ ਗੱਲ ਸਮਝ ਲੈਂਦਾ ਹੈ (ਇਹ ਲਿਖਦਾ ਹੈ), ਉਹ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਹੁੰਦਾ ਹੈ।
23093	516	ਨਾਨਕ ਜੇ ਕੋ ਆਪੁ ਗਣਾਇਦਾ ਸੋ ਮੂਰਖੁ ਗਾਵਾਰੁ॥੧॥		Naanak Jae Ko Aap Ganaaeidhaa So Moorakh Gaavaar ||1||	O Nanak, anyone who takes pride in himself is foolish and unwise. ||1||	ਪਰ, ਹੇ ਨਾਨਕ! ਜੋ (ਇਸ 'ਆਕਾਰ' ਦੇ ਆਸਰੇ) ਆਪਣੇ ਆਪ ਨੂੰ ਵੱਡਾ ਅਖਵਾਂਦਾ ਹੈ (ਭਾਵ, ਮਾਣ ਕਰਦਾ ਹੈ) ਉਹ ਮੂਰਖ ਹੈ ਉਹ ਗਵਾਰ ਹੈ ॥੧॥
23094	516	ਮਃ ੩॥		Ma 3 ||	Third Mehl:	
23095	516	ਮਨੁ ਕੁੰਚਰੁ ਪੀਲਕੁ ਗੁਰੂ ਗਿਆਨੁ ਕੁੰਡਾ ਜਹ ਖਿੰਚੇ ਤਹ ਜਾਇ॥	(ਕੁੰਚਰੁ) ਹਾਥੀ। (ਪੀਲਕੁ) ਮਹਾਵਤ। (ਕੁੰਡਾ) ਹਾਥੀ ਚਲਾਉਣ ਵਾਲਾ ਲੋਹੇ ਦਾ ਹਥਿਆਰ	Man Kunchar Peelak Guroo Giaan Kunddaa Jeh Khinchae Theh Jaae ||	The mind is the elephant, the Guru is the elephant-driver, and knowledge is the whip. Wherever the Guru drives the mind, it goes.	ਮਨ (ਮਾਨੋ) ਹਾਥੀ ਹੈ; (ਜੇ) ਸਤਿਗੁਰੂ (ਇਸ ਦਾ) ਮਹਾਵਤ (ਬਣੇ, ਤੇ) ਗੁਰੂ ਦੀ ਦਿੱਤੀ ਮਤਿ (ਇਸ ਦੇ ਸਿਰ ਤੇ) ਕੁੰਡਾ ਹੋਵੇ, ਤਾਂ ਇਹ ਮਨ ਓਧਰ ਜਾਂਦਾ ਹੈ ਜਿਧਰ ਗੁਰੂ ਤੋਰਦਾ ਹੈ।
23096	516	ਨਾਨਕ ਹਸਤੀ ਕੁੰਡੇ ਬਾਹਰਾ ਫਿਰਿ ਫਿਰਿ ਉਝੜਿ ਪਾਇ॥੨॥	(ਹਸਤੀ) ਹਾਥੀ। ਉੱਝੜਿ	Naanak Hasathee Kunddae Baaharaa Fir Fir Oujharr Paae ||2||	O Nanak, without the whip, the elephant wanders into the wilderness, again and again. ||2||	ਪਰ, ਹੇ ਨਾਨਕ! ਕੁੰਡੇ ਤੋਂ ਬਿਨਾ ਹਾਥੀ ਮੁੜ ਮੁੜ ਕੁਰਾਹੇ ਪੈਂਦਾ ਹੈ ॥੨॥
23097	516	ਪਉੜੀ॥		Pourree ||	Pauree:	

23098	516	ਤਿਸੁ ਆਗੈ ਅਰਦਾਸਿ ਜਿਨਿ ਉਪਾਇਆ॥		This Aagai Aradhaas Jin Oupaaeiaa ||	I offer my prayer to the One, from whom I was created.	ਜਿਸ ਪ੍ਰਭੂ ਨੇ (ਭਾਉ ਦੂਜਾ) ਪੈਦਾ ਕੀਤਾ ਹੈ ਜੇ ਉਸ ਦੀ ਹਜ਼ੂਰੀ ਵਿਚ ਅਰਦਾਸ ਕਰੀਏ।
23099	517	ਸਤਿਗੁਰੁ ਅਪਣਾ ਸੇਵਿ ਸਭ ਫਲ ਪਾਇਆ॥		Sathigur Apanaa Saev Sabh Fal Paaeiaa ||	Serving my True Guru, I have obtained all the fruits.	ਜੇ ਸਤਿਗੁਰੂ ਦੇ ਹੁਕਮ ਵਿਚ ਤੁਰੀਏ ਤਾਂ (ਮਾਨੋ) ਸਾਰੇ ਫਲ ਮਿਲ ਜਾਂਦੇ ਹਨ,
23100	517	ਅੰਮ੍ਰਿਤ ਹਰਿ ਕਾ ਨਾਉ ਸਦਾ ਧਿਆਇਆ॥		Anmrith Har Kaa Naao Sadhaa Dhhiaaeiaa ||	I meditate continually on the Ambrosial Name of the Lord.	ਤੇ ਪ੍ਰਭੂ ਦਾ ਅੰਮ੍ਰਿਤ-ਨਾਮ ਸਦਾ ਸਿਮਰ ਸਕੀਦਾ ਹੈ।
23101	517	ਸੰਤ ਜਨਾ ਕੈ ਸੰਗਿ ਦੁਖੁ ਮਿਟਾਇਆ॥		Santh Janaa Kai Sang Dhukh Mittaaeiaa ||	In the Society of the Saints, I am rid of my pain and suffering.	ਗੁਰਮੁਖਾਂ ਦੀ ਸੰਗਤ ਵਿਚ ਰਹਿ ਕੇ (ਦੂਜੇ ਭਾਉ ਦਾ) ਦੁਖ ਮਿਟਾ ਸਕੀਦਾ ਹੈ,
23102	517	ਨਾਨਕ ਭਏ ਅਚਿੰਤੁ ਹਰਿ ਧਨੁ ਨਿਹਚਲਾਇਆ॥੨੦॥	(ਨਿਹਚਲਾਇਆ) ਸਥਿਰ	Naanak Bheae Achinth Har Dhhan Nihachalaaeiaa ||20||	O Nanak, I have become care-free; I have obtained the imperishable wealth of the Lord. ||20||	ਤੇ, ਹੇ ਨਾਨਕ! ਕਦੇ ਨਾਹ ਨਾਸ ਹੋਣ ਵਾਲਾ ਨਾਮ-ਧਨ ਖੱਟ ਕੇ ਬੇ-ਫ਼ਿਕਰ ਹੋ ਜਾਈਦਾ ਹੈ ॥੨੦॥
23103	517	ਸਲੋਕ ਮਃ ੩॥		Salok Ma 3 ||	Shalok, Third Mehl:	

23104	517	ਖੇਤਿ ਮਿਆਲਾ ਉਚੀਆ ਘਰੁ ਉਚਾ ਨਿਰਣਉ॥	(ਮਿਆਲਾ) ਵੱਟਾਂ। (ਨਿਰਣਉ) ਪਾਣੀ	Khaeth Miaalaa Oucheeaa Ghar Ouchaa Nirano ||	Raising the embankments of the mind's field, I gaze at the heavenly mansion.	ਬੱਦਲ ਵੇਖ ਕੇ (ਜੱਟ) ਪੈਲੀ ਵਿਚ ਵੱਟਾਂ ਉੱਚੀਆਂ ਕਰ ਦੇਂਦਾ ਹੈ (ਤੇ ਵਰਖਾ ਦਾ ਪਾਣੀ ਉਸ ਪੈਲੀ ਵਿਚ ਆ ਖਲੋਂਦਾ ਹੈ),
23105	517	ਮਹਲ ਭਗਤੀ ਘਰਿ ਸਰੈ ਸਜਣ ਪਾਹੁਣਿਅਉ॥	(ਮਹਲ) ਜਗਿਆਸੂ ਰੂਪ ਇਸਤ੍ਰੀ। (ਪਾਹੁਣਿਅਉ) ਪ੍ਰਾਹੁਣਾ	Mehal Bhagathee Ghar Sarai Sajan Paahuniao ||	When devotion comes to the mind of the soul-bride, she is visited by the friendly guest.	(ਤਿਵੇਂ ਹੀ, ਜਿਸ ਜੀਵ-) ਇਸਤ੍ਰੀ ਦੇ ਹਿਰਦੇ ਵਿਚ ਭਗਤੀ (ਦਾ ਉਛਾਲਾ) ਆਉਂਦਾ ਹੈ ਉਥੇ ਪ੍ਰਭੂ ਪ੍ਰਾਹੁਣਾ ਬਣ ਕੇ (ਭਾਵ, ਰਹਿਣ ਲਈ) ਆਉਂਦਾ ਹੈ।
23106	517	ਬਰਸਨਾ ਤ ਬਰਸੁ ਘਨਾ ਬਹੁੜਿ ਬਰਸਹਿ ਕਾਹਿ॥		Barasanaa Th Baras Ghanaa Bahurr Barasehi Kaahi ||	O clouds, if you are going to rain, then go ahead and rain; why rain after the season has passed?	ਹੇ ਮੇਘ! (ਹੇ ਸਤਿਗੁਰੂ!) ਜੇ (ਨਾਮ ਦੀ) ਵਰਖਾ ਕਰਨੀ ਹੈ ਤਾਂ ਵਰਖਾ (ਹੁਣ) ਕਰ, (ਮੇਰੀ ਉਮਰ ਵਿਹਾ ਜਾਣ ਤੇ) ਫੇਰ ਕਾਹਦੇ ਲਈ ਵਰਖਾ ਕਰੇਂਗਾ?
23107	517	ਨਾਨਕ ਤਿਨ੍ ਬਲਿਹਾਰਣੈ ਜਿਨ੍ ਗੁਰਮੁਖਿ ਪਾਇਆ ਮਨ ਮਾਹਿ॥੧॥		Naanak Thinh Balihaaranai Jinh Guramukh Paaeiaa Man Maahi ||1||	Nanak is a sacrifice to those Gurmukhs who obtain the Lord in their minds. ||1||	ਹੇ ਨਾਨਕ! ਮੈਂ ਸਦਕੇ ਹਾਂ ਉਹਨਾਂ ਤੋਂ ਜਿਨ੍ਹਾਂ ਨੇ ਗੁਰੂ ਦੀ ਰਾਹੀਂ ਪ੍ਰਭੂ ਨੂੰ ਹਿਰਦੇ ਵਿਚ ਲੱਭ ਲਿਆ ਹੈ ॥੧॥
23108	517	ਮਃ ੩॥		Ma 3 ||	Third Mehl:	

23109	517	ਮਿਠਾ ਸੋ ਜੋ ਭਾਵਦਾ ਸਜਣੁ ਸੋ ਜਿ ਰਾਸਿ॥	ਮਿੱਠਾ	Mithaa So Jo Bhaavadhaa Sajan So J Raas ||	That which is pleasing is sweet, and one who is sincere is a friend.	(ਅਸਲ) ਪਿਆਰਾ ਪਦਾਰਥ ਉਹ ਹੈ ਜੋ ਸਦਾ ਚੰਗਾ ਲੱਗਦਾ ਰਹੇ, (ਅਸਲ) ਮਿੱਤ੍ਰ ਉਹ ਹੈ ਜਿਸ ਨਾਲ ਸਦਾ ਬਣੀ ਰਹੇ (ਪਰ 'ਦੂਜਾ ਭਾਵ' ਨਾਹ ਸਦਾ ਚੰਗਾ ਲੱਗਦਾ ਹੈ ਨਾਹ ਸਦਾ ਨਾਲ ਨਿਭਦਾ ਹੈ),
23110	517	ਨਾਨਕ ਗੁਰਮੁਖਿ ਜਾਣੀਐ ਜਾ ਕਉ ਆਪਿ ਕਰੇ ਪਰਗਾਸੁ॥੨॥		Naanak Guramukh Jaaneeai Jaa Ko Aap Karae Paragaas ||2||	O Nanak, he is known as a Gurmukh, whom the Lord Himself enlightens. ||2||	ਹੇ ਨਾਨਕ! ਜਿਸ ਦੇ ਅੰਦਰ ਪ੍ਰਭੂ ਆਪ ਚਾਨਣ ਕਰੇ ਉਸ ਨੂੰ ਗੁਰੂ ਦੀ ਰਾਹੀਂ ਇਹ ਸਮਝ ਪੈਂਦੀ ਹੈ ॥੨॥
23111	517	ਪਉੜੀ॥		Pourree ||	Pauree:	
23112	517	ਪ੍ਰਭ ਪਾਸਿ ਜਨ ਕੀ ਅਰਦਾਸਿ ਤੂ ਸਚਾ ਸਾਂਈ॥		Prabh Paas Jan Kee Aradhaas Thoo Sachaa Saanee ||	O God, Your humble servant offers his prayer to You; You are my True Master.	ਪ੍ਰਭੂ ਦੇ ਸੇਵਕ ਦੀ ਅਰਦਾਸਿ ਪ੍ਰਭੂ ਦੀ ਹਜ਼ੂਰੀ ਵਿਚ (ਇਉਂ ਹੁੰਦੀ) ਹੈ: (ਹੇ ਪ੍ਰਭੂ!) ਤੂੰ ਸਦਾ ਰਹਿਣ ਵਾਲਾ ਮਾਲਕ ਹੈਂ,
23113	517	ਤੂ ਰਖਵਾਲਾ ਸਦਾ ਸਦਾ ਹਉ ਤੁਧੁ ਧਿਆਈ॥		Thoo Rakhavaalaa Sadhaa Sadhaa Ho Thudhh Dhhiaaee ||	You are my Protector, forever and ever; I meditate on You.	ਤੂੰ ਸਦਾ ਹੀ ਰਾਖਾ ਹੈਂ, ਮੈਂ ਤੈਨੂੰ ਸਿਮਰਦਾ ਹਾਂ।
23114	517	ਜੀਅ ਜੰਤ ਸਭਿ ਤੇਰਿਆ ਤੂ ਰਹਿਆ ਸਮਾਈ॥		Jeea Janth Sabh Thaeriaa Thoo Rehiaa Samaaee ||	All the beings and creatures are Yours; You are pervading and permeating in them.	ਸਾਰੇ ਜੀਆ ਜੰਤ ਤੇਰੇ ਹੀ ਹਨ, ਤੂੰ ਇਹਨਾਂ ਵਿਚ ਮੌਜੂਦ ਹੈਂ।

23115	517	ਜੋ ਦਾਸ ਤੇਰੇ ਕੀ ਨਿੰਦਾ ਕਰੇ ਤਿਸੁ ਮਾਰਿ ਪਚਾਈ॥		Jo Dhaas Thaerae Kee Nindhaa Karae This Maar Pachaaee ||	One who slanders Your slave is crushed and destroyed.	ਜੋ ਮਨੁੱਖ ਤੇਰੀ ਬੰਦਗੀ ਕਰਨ ਵਾਲੇ ਦੀ ਨਿੰਦਿਆ ਕਰਦਾ ਹੈ ਤੂੰ ਉਸ ਨੂੰ (ਆਤਮਕ ਮੌਤੇ) ਮਾਰ ਕੇ ਖ਼ੁਆਰ ਕਰਦਾ ਹੈਂ।
23116	517	ਚਿੰਤਾ ਛਡਿ ਅਚਿੰਤੁ ਰਹੁ ਨਾਨਕ ਲਗਿ ਪਾਈ॥੨੧॥	ਲੱਗਿ	Chinthaa Shhadd Achinth Rahu Naanak Lag Paaee ||21||	Falling at Your Feet, Nanak has renounced his cares, and has become care-free. ||21||	ਹੇ ਨਾਨਕ! ਤੂੰ ਭੀ ਪ੍ਰਭੂ ਦੀ ਚਰਨੀਂ ਲੱਗ ਤੇ (ਦੁਨੀਆ ਵਾਲੀ) ਚਿੰਤਾ ਛੱਡ ਕੇ ਬੇ-ਫ਼ਿਕਰ ਹੋ ਰਹੁ ॥੨੧॥
23117	517	ਸਲੋਕ ਮਃ ੩॥		Salok Ma 3 ||	Shalok, Third Mehl:	
23118	517	ਆਸਾ ਕਰਤਾ ਜਗੁ ਮੁਆ ਆਸਾ ਮਰੈ ਨ ਜਾਇ॥		Aasaa Karathaa Jag Muaa Aasaa Marai N Jaae ||	Building up its hopes, the world dies, but its hopes do not die or depart.	ਜਗਤ (ਦੁਨੀਆ ਦੀਆਂ) ਆਸਾਂ ਬਣਾ ਬਣਾ ਕੇ ਮਰ ਜਾਂਦਾ ਹੈ, ਪਰ ਇਹ ਆਸ ਕਦੇ ਮਰਦੀ ਨਹੀਂ; ਕਦੇ ਮੁੱਕਦੀ ਨਹੀਂ (ਭਾਵ, ਕਦੇ ਤ੍ਰਿਸ਼ਨਾ ਮੁੱਕਦੀ ਨਹੀਂ, ਕਦੇ ਸੰਤੋਖ ਨਹੀਂ ਆਉਂਦਾ)।
23119	517	ਨਾਨਕ ਆਸਾ ਪੂਰੀਆ ਸਚੇ ਸਿਉ ਚਿਤੁ ਲਾਇ॥੧॥		Naanak Aasaa Pooreeaa Sachae Sio Chith Laae ||1||	O Nanak, hopes are fulfilled only by attaching one's consciousness to the True Lord. ||1||	ਹੇ ਨਾਨਕ! ਸਦਾ-ਥਿਰ ਰਹਿਣ ਵਾਲੇ ਪ੍ਰਭੂ ਨਾਲ ਚਿੱਤ ਜੋੜਿਆਂ ਮਨੁੱਖ ਦੀਆਂ ਆਸਾਂ ਪੂਰੀਆਂ ਹੋ ਜਾਂਦੀਆਂ ਹਨ (ਭਾਵ, ਤ੍ਰਿਸ਼ਨਾ ਮੁੱਕ ਜਾਂਦੀ ਹੈ) ॥੧॥
23120	517	ਮਃ ੩॥		Ma 3 ||	Third Mehl:	

23121	517	ਆਸਾ ਮਨਸਾ ਮਰਿ ਜਾਇਸੀ ਜਿਨਿ ਕੀਤੀ ਸੋ ਲੈ ਜਾਇ॥		Aasaa Manasaa Mar Jaaeisee Jin Keethee So Lai Jaae ||	Hopes and desires shall die only when He, who created them, takes them away.	ਇਹ ਦੁਨੀਆ ਦੀ ਆਸ, ਇਹ ਮਾਇਆ ਦਾ ਫੁਰਨਾ ਤਦੋਂ ਹੀ ਮੁੱਕਣਗੇ ਜਦੋਂ ਉਹ ਪ੍ਰਭੂ ਆਪ ਮੁਕਾਏਗਾ ਜਿਸ ਨੇ ਇਹ (ਆਸਾ ਮਨਸਾ) ਪੈਦਾ ਕੀਤੇ ਹਨ।
23122	517	ਨਾਨਕ ਨਿਹਚਲੁ ਕੋ ਨਹੀ ਬਾਝਹੁ ਹਰਿ ਕੈ ਨਾਇ॥੨॥		Naanak Nihachal Ko Nehee Baajhahu Har Kai Naae ||2||	O Nanak, nothing is permanent, except the Name of the Lord. ||2||	ਹੇ ਨਾਨਕ! (ਤਦੋਂ ਹੀ ਯਕੀਨ ਬਣੇਗਾ ਕਿ) ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਸਦਾ-ਥਿਰ ਰਹਿਣ ਵਾਲਾ ਨਹੀਂ ॥੨॥
23123	517	ਪਉੜੀ॥		Pourree ||	Pauree:	
23124	517	ਆਪੇ ਜਗਤੁ ਉਪਾਇਓਨੁ ਕਰਿ ਪੂਰਾ ਥਾਟੁ॥	ਜੱਗਤੁ। (ਥਾਟੁ) ਬਣਾਵਟ	Aapae Jagath Oupaaeioun Kar Pooraa Thhaatt ||	He Himself created the world, with His perfect workmanship.	ਮੁਕੰਮਲ ਬਣਤਰ ਬਣਾ ਕੇ ਪ੍ਰਭੂ ਨੇ ਆਪ ਹੀ ਜਗਤ ਪੈਦਾ ਕੀਤਾ ਹੈ।
23125	517	ਆਪੇ ਸਾਹੁ ਆਪੇ ਵਣਜਾਰਾ ਆਪੇ ਹੀ ਹਰਿ ਹਾਟੁ॥		Aapae Saahu Aapae Vanajaaraa Aapae Hee Har Haatt ||	He Himself is the true banker, He Himself is the merchant, and He Himself is the store.	ਵਾਹਿਗੁਰੂ ਆਪ ਹੀ ਸ਼ਾਹੂਕਾਰ ਹੈ, ਆਪ ਹੀ ਵਾਪਾਰੀ ਅਤੇ ਆਪ ਹੀ ਹੱਟੀ।
23126	517	ਆਪੇ ਸਾਗਰੁ ਆਪੇ ਬੋਹਿਥਾ ਆਪੇ ਹੀ ਖੇਵਾਟੁ॥	(ਖੇਵਾਟੁ) ਮਲਾਹ	Aapae Saagar Aapae Bohithhaa Aapae Hee Khaevaatt ||	He Himself is the ocean, He Himself is the boat, and He Himself is the boatman.	ਪ੍ਰਭੂ ਆਪ ਹੀ ਸਮੁੰਦਰ ਹੈ, ਆਪ ਹੀ ਜਹਾਜ਼ ਹੈ, ਤੇ ਆਪ ਹੀ ਮੱਲਾਹ ਹੈ।

23127	517	ਆਪੇ ਗੁਰੁ ਚੇਲਾ ਹੈ ਆਪੇ ਆਪੇ ਦਸੇ ਘਾਟ॥	ਦੱਸੇ	Aapae Gur Chaelaa Hai Aapae Aapae Dhasae Ghaatt ||	He Himself is the Guru, He Himself is the disciple, and He Himself shows the destination.	ਪ੍ਰਭੂ ਆਪ ਹੀ ਗੁਰੂ ਹੈ, ਆਪ ਹੀ ਸਿੱਖ ਹੈ, ਤੇ ਆਪ ਹੀ (ਪਾਰਲਾ) ਪੱਤਣ ਵਿਖਾਂਦਾ ਹੈ।
23128	517	ਜਨ ਨਾਨਕ ਨਾਮੁ ਧਿਆਇ ਤੂ ਸਭਿ ਕਿਲਵਿਖ ਕਾਟੁ॥੨੨॥੧॥ ਸੁਧੁ	ਸੁੱਧੁ	Jan Naanak Naam Dhhiaae Thoo Sabh Kilavikh Kaatt ||22||1|| Sudhhu	O servant Nanak, meditate on the Naam, the Name of the Lord, and all your sins shall be eradicated. ||22||1||Sudh||	ਹੇ ਦਾਸ ਨਾਨਕ! ਤੂੰ ਉਸ ਪ੍ਰਭੂ ਦਾ ਨਾਮ ਸਿਮਰ ਤੇ ਆਪਣੇ ਸਾਰੇ ਪਾਪ ਦੂਰ ਕਰ ਲੈ ॥੨੨॥੧॥
23129	517	ਰਾਗੁ ਗੂਜਰੀ ਵਾਰ ਮਹਲਾ ੫		Raag Goojaree Vaar Mehalaa 5	Raag Goojaree, Vaar, Fifth Mehl:	ਰਾਗ ਗੂਜਰੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਵਾਰ'।
23130	517	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
23131	517	ਸਲੋਕੁ ਮਃ ੫॥		Salok Ma 5 ||	Shalok, Fifth Mehl:	ਗੁਰੂ ਅਰਜਨਦੇਵ ਜੀ ਦਾ ਸਲੋਕ।
23132	517	ਅੰਤਰਿ ਗੁਰੁ ਆਰਾਧਣਾ ਜਿਹਵਾ ਜਪਿ ਗੁਰ ਨਾਉ॥		Anthar Gur Aaraadhhanaa Jihavaa Jap Gur Naao ||	Deep within yourself, worship the Guru in adoration, and with your tongue, chant the Guru's Name.	ਮਨ ਵਿਚ ਗੁਰੂ ਨੂੰ ਯਾਦ ਕਰਨਾ, ਜੀਭ ਨਾਲ ਗੁਰੂ ਦਾ ਨਾਮ ਜਪਣਾ,

23133	517	ਨੇਤ੍ਰੀ ਸਤਿਗੁਰੁ ਪੇਖਣਾ ਸ੍ਰਵਣੀ ਸੁਨਣਾ ਗੁਰ ਨਾਉ॥		Naethree Sathigur Paekhanaa Sravanee Sunanaa Gur Naao ||	Let your eyes behold the True Guru, and let your ears hear the Guru's Name.	ਅੱਖਾਂ ਨਾਲ ਗੁਰੂ ਨੂੰ ਵੇਖਣਾ, ਕੰਨਾਂ ਨਾਲ ਗੁਰੂ ਦਾ ਨਾਮ ਸੁਣਨਾ;
23134	517	ਸਤਿਗੁਰ ਸੇਤੀ ਰਤਿਆ ਦਰਗਹ ਪਾਈਐ ਠਾਉ॥		Sathigur Saethee Rathiaa Dharageh Paaeeai Thaao ||	Attuned to the True Guru, you shall receive a place of honor in the Court of the Lord.	ਜੇ ਇਸ ਤਰ੍ਹਾਂ ਆਪਣੇ ਗੁਰੂ (ਦੇ ਪਿਆਰ) ਵਿਚ ਰੰਗੇ ਜਾਈਏ ਤਾਂ (ਪ੍ਰਭੂ ਦੀ) ਹਜ਼ੂਰੀ ਵਿਚ ਥਾਂ ਮਿਲਦਾ ਹੈ।
23135	517	ਕਹੁ ਨਾਨਕ ਕਿਰਪਾ ਕਰੇ ਜਿਸ ਨੋ ਏਹ ਵਥੁ ਦੇਇ॥	(ਵਥੁ) ਵਸਤੂ	Kahu Naanak Kirapaa Karae Jis No Eaeh Vathh Dhaee ||	Says Nanak, this treasure is bestowed on those who are blessed with His Mercy.	ਹੇ ਨਾਨਕ! ਇਹ ਦਾਤ ਉਸ ਮਨੁੱਖ ਨੂੰ ਪ੍ਰਭੂ ਦੇਂਦਾ ਹੈ ਜਿਸ ਉਤੇ ਮੇਹਰ ਕਰਦਾ ਹੈ,
23136	517	ਜਗ ਮਹਿ ਉਤਮ ਕਾਢੀਅਹਿ ਵਿਰਲੇ ਕੇਈ ਕੇਇ॥੧॥	ਜੱਗ	Jag Mehi Outham Kaadteeahi Viralae Kaeee Kaee ||1||	In the midst of the world, they are known as the most pious - they are rare indeed. ||1||	ਅਜੇਹੇ ਬੰਦੇ ਜਗਤ ਵਿਚ ਸ੍ਰੇਸ਼ਟ ਅਖਵਾਉਂਦੇ ਹਨ, (ਪਰ ਅਜੇਹੇ ਹੁੰਦੇ) ਕੋਈ ਵਿਰਲੇ ਵਿਰਲੇ ਹਨ ॥੧॥
23137	517	ਮਃ ੫॥		Ma 5 ||	Fifth Mehl:	
23138	517	ਰਖੇ ਰਖਣਹਾਰਿ ਆਪਿ ਉਬਾਰਿਅਨੁ॥	(ਉਬਾਰਿਅਨੁ) ਬਚਾ ਲਏ	Rakhae Rakhanehaar Aap Oubaarian ||	O Savior Lord, save us and take us across.	ਰੱਖਿਆ ਕਰਨ ਵਾਲੇ ਪਰਮਾਤਮਾ ਨੇ ਆਪ (ਵਿਕਾਰਾਂ ਤੋਂ) ਬਚਾ ਲਿਆ ਹੈ,

23139	517	ਗੁਰ ਕੀ ਪੈਰੀ ਪਾਇ ਕਾਜ ਸਵਾਰਿਅਨੁ॥		Gur Kee Pairee Paae Kaaj Savaarian ||	Falling at the feet of the Guru, our works are embellished with perfection.	ਤੇ ਗੁਰੂ ਦੀ ਪੈਰੀਂ ਪਾ ਕੇ ਸਾਰੇ ਕੰਮ ਉਸ ਨੇ ਸਵਾਰ ਦਿੱਤੇ ਹਨ,
23140	517	ਹੋਆ ਆਪਿ ਦਇਆਲੁ ਮਨਹੁ ਨ ਵਿਸਾਰਿਅਨੁ॥	ਦ-ਇਆਲੁ	Hoaa Aap Dhaeiaal Manahu N Visaarian ||	You have become kind, merciful and compassionate; we do not forget You from our minds.	ਜਿਨ੍ਹਾਂ ਉਤੇ ਪ੍ਰਭੂ ਆਪ ਦਿਆਲ ਹੋਇਆ ਹੈ, ਉਹਨਾਂ ਨੂੰ ਉਸ ਨੇ (ਆਪਣੇ) ਮਨੋਂ ਵਿਸਾਰਿਆ ਨਹੀਂ,
23141	517	ਸਾਧ ਜਨਾ ਕੈ ਸੰਗਿ ਭਵਜਲੁ ਤਾਰਿਅਨੁ॥		Saadhh Janaa Kai Sang Bhavajal Thaarian ||	In the Saadh Sangat, the Company of the Holy, we are carried across the terrifying world-ocean.	ਤੇ ਉਹਨਾਂ ਨੂੰ ਗੁਰਮੁਖਾਂ ਦੀ ਸੰਗਤ ਵਿਚ (ਰੱਖ ਕੇ) ਸੰਸਾਰ-ਸਮੁੰਦਰ ਤਰਾ ਦਿੱਤਾ।
23142	517	ਸਾਕਤ ਨਿੰਦਕ ਦੁਸਟ ਖਿਨ ਮਾਹਿ ਬਿਦਾਰਿਅਨੁ॥	(ਬਿਦਾਰਿਅਨੁ) ਨਾਸ ਕੀਤੇ	Saakath Nindhak Dhusatt Khin Maahi Bidhaarian ||	In an instant, You have destroyed the faithless cynics and slanderous enemies.	ਜੋ ਉਸ ਦੇ ਚਰਨਾਂ ਤੋਂ ਟੁੱਟੇ ਹੋਏ ਹਨ, ਜੋ ਨਿੰਦਾ ਕਰਦੇ ਰਹਿੰਦੇ ਹਨ, ਜੋ ਗੰਦੇ ਆਚਰਨ ਵਾਲੇ ਹਨ, ਉਹਨਾਂ ਨੂੰ ਇਕ ਪਲ ਵਿਚ ਉਸ ਨੇ ਮਾਰ ਮੁਕਾਇਆ ਹੈ।
23143	517	ਤਿਸੁ ਸਾਹਿਬ ਕੀ ਟੇਕ ਨਾਨਕ ਮਨੈ ਮਾਹਿ॥		This Saahib Kee Ttaek Naanak Manai Maahi ||	That Lord and Master is my Anchor and Support; O Nanak, hold firm in your mind.	ਨਾਨਕ ਦੇ ਮਨ ਵਿਚ ਭੀ ਉਸ ਮਾਲਕ ਦਾ ਆਸਰਾ ਹੈ,

23144	518	ਜਿਸੁ ਸਿਮਰਤ ਸੁਖੁ ਹੋਇ ਸਗਲੇ ਦੂਖ ਜਾਹਿ॥੨॥		Jis Simarath Sukh Hoe Sagalae Dhookh Jaahi ||2||	Remembering Him in meditation, happiness comes, and all sorrows and pains simply vanish. ||2||	ਜਿਸ ਨੂੰ ਸਿਮਰਿਆਂ ਸੁਖ ਮਿਲਦਾ ਹੈ ਤੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ ॥੨॥
23145	518	ਪਉੜੀ॥		Pourree ||	Pauree:	
23146	518	ਅਕੁਲ ਨਿਰੰਜਨ ਪੁਰਖੁ ਅਗਮੁ ਅਪਾਰੀਐ॥	ਅ-ਕੁਲ: ਪੋਲਾ ਬੋਲੋ	Akul Niranjan Purakh Agam Apaareeai ||	He is without relatives, immaculate, all-powerful, unapproachable and infinite.	ਹੇ ਪਰਮਾਤਮਾ! ਤੇਰੀ ਕੋਈ ਖ਼ਾਸ ਕੁਲ ਨਹੀਂ, ਮਾਇਆ ਦੀ ਕਾਲਖ਼ ਤੈਨੂੰ ਨਹੀਂ ਲੱਗ ਸਕਦੀ, ਸਭ ਵਿਚ ਮੌਜੂਦ ਹੈਂ, ਅਪਹੁੰਚ ਤੇ ਬੇਅੰਤ ਹੈਂ,
23147	518	ਸਚੋ ਸਚਾ ਸਚੁ ਸਚੁ ਨਿਹਾਰੀਐ॥	(ਨਿਹਾਰੀਐ) ਦੇਖਣਾ	Sacho Sachaa Sach Sach Nihaareeai ||	Truly, the True Lord is seen to be the Truest of the True.	ਤੂੰ ਸਦਾ ਹੀ ਕਾਇਮ ਰਹਿਣ ਵਾਲਾ ਤੇ ਸੱਚ-ਮੁਚ ਹਸਤੀ ਵਾਲਾ ਵੇਖਣ ਵਿਚ ਆਉਂਦਾ ਹੈਂ,
23148	518	ਕੂੜੁ ਨ ਜਾਪੈ ਕਿਛੁ ਤੇਰੀ ਧਾਰੀਐ॥		Koorr N Jaapai Kishh Thaeree Dhhaareeai ||	Nothing established by You appears to be false.	ਸਾਰੀ ਸ੍ਰਿਸ਼ਟੀ ਤੇਰੀ ਹੀ ਰਚੀ ਹੋਈ ਹੈ (ਇਸ ਵਿਚ ਭੀ) ਕੋਈ ਚੀਜ਼ ਫ਼ਰਜ਼ੀ (ਭਾਵ, ਮਨਘੜਤ) ਨਹੀਂ ਜਾਪਦੀ।
23149	518	ਸਭਸੈ ਦੇ ਦਾਤਾਰੁ ਜੇਤ ਉਪਾਰੀਐ॥	ਜਿਤਨੀ ਰਚਨਾ (ਉਪਾਰੀਐ) ਪੈਦਾ ਕੀਤੀ	Sabhasai Dhae Dhaathaar Jaeth Oupaareeai ||	The Great Giver gives sustenance to all those He has created.	(ਜਿਤਨੀ ਭੀ) ਸ੍ਰਿਸ਼ਟੀ ਪ੍ਰਭੂ ਨੇ ਪੈਦਾ ਕੀਤੀ ਹੈ (ਇਸ ਵਿਚ) ਸਭ ਜੀਵਾਂ ਨੂੰ ਦਾਤਾਰ ਪ੍ਰਭੂ (ਦਾਤਾਂ) ਦੇਂਦਾ ਹੈ;

23150	518	ਇਕਤੁ ਸੂਤਿ ਪਰੋਇ ਜੋਤਿ ਸੰਜਾਰੀਐ॥	ਜੋਤਿ ਨਾਲ ਸਭ ਨੂੰ (ਸੰਜਾਰੀਐ) ਤ੍ਰਿਪਤ ਕਰ ਰਹੇ ਹਨ, ਅਪਨੇ ਹੁਕਮ ਚ ਚਲਾ ਰਹੇ ਹਨ	Eikath Sooth Paroe Joth Sanjaareeai ||	He has strung all on only one thread; He has infused His Light in them.	ਸਭ ਨੂੰ ਇੱਕੋ ਹੀ (ਹੁਕਮ-ਰੂਪ) ਧਾਗੇ ਵਿਚ ਪ੍ਰੋ ਕੇ (ਸਭ ਵਿਚ ਉਸ ਨੇ ਆਪਣੀ) ਜੋਤਿ ਮਿਲਾਈ ਹੋਈ ਹੈ;
23151	518	ਹੁਕਮੇ ਭਵਜਲ ਮੰਝਿ ਹੁਕਮੇ ਤਾਰੀਐ॥	(ਮੰਝਿ) ਅੰਦਰ	Hukamae Bhavajal Manjh Hukamae Thaareeai ||	By His Will, some drown in the terrifying world-ocean, and by His Will, some are carried across.	ਆਪਣੇ ਹੁਕਮ ਅੰਦਰ ਹੀ (ਉਸ ਨੇ ਜੀਵਾਂ ਨੂੰ) ਸੰਸਾਰ-ਸਮੁੰਦਰ ਵਿਚ (ਫਸਾਇਆ ਹੋਇਆ ਹੈ ਤੇ) ਹੁਕਮ ਅੰਦਰ ਹੀ (ਇਸ ਵਿਚੋਂ) ਤਾਰਦਾ ਹੈ।
23152	518	ਪ੍ਰਭ ਜੀਉ ਤੁਧੁ ਧਿਆਏ ਸੋਇ ਜਿਸੁ ਭਾਗੁ ਮਥਾਰੀਐ॥	(ਮਥਾਰੀਐ) ਮੱਥੇ ਤੇ	Prabh Jeeo Thudhh Dhhiaaeae Soe Jis Bhaag Mathhaareeai ||	O Dear Lord, he alone meditates on You, upon whose forehead such blessed destiny is inscribed.	ਹੇ ਪ੍ਰਭੂ ਜੀ! ਤੈਨੂੰ ਉਹੀ ਮਨੁੱਖ ਸਿਮਰਦਾ ਹੈ ਜਿਸ ਦੇ ਮੱਥੇ ਤੇ ਭਾਗ ਹੋਵੇ;
23153	518	ਤੇਰੀ ਗਤਿ ਮਿਤਿ ਲਖੀ ਨ ਜਾਇ ਹਉ ਤੁਧੁ ਬਲਿਹਾਰੀਐ॥੧॥		Thaeree Gath Mith Lakhee N Jaae Ho Thudhh Balihaareeai ||1||	Your condition and state cannot be known; I am a sacrifice to You. ||1||	ਇਹ ਗੱਲ ਬਿਆਨ ਨਹੀਂ ਕੀਤੀ ਜਾ ਸਕਦੀ ਕਿ ਤੂੰ ਕਿਹੋ ਜਿਹਾ ਹੈਂ ਤੇ ਕੇਡਾ ਵੱਡਾ ਹੈਂ, ਮੈਂ ਤੈਥੋਂ ਸਦਕੇ ਹਾਂ ॥੧॥
23154	518	ਸਲੋਕੁ ਮਃ ੫॥	ਤੁੱਸਹਿ	Salok Ma 5 ||	Shalok, Fifth Mehl:	

23155	518	ਜਾ ਤੂੰ ਤੁਸਹਿ ਮਿਹਰਵਾਨ ਅਚਿੰਤੁ ਵਸਹਿ ਮਨ ਮਾਹਿ॥	ਅ-ਚਿੰਤੁ	Jaa Thoon Thusehi Miharavaan Achinth Vasehi Man Maahi ||	When You are pleased, O Merciful Lord, you automatically come to dwell within my mind.	ਹੇ ਪ੍ਰਭੂ! ਜਦ ਤੂੰ ਮਿਹਰਵਾਨ ਹੋ ਜਾਏ, ਤਾਂ ਤੂੰ ਸਹਿਜ ਸੁਭਾਇ ਹੀ (ਜੀਵਾਂ ਦੇ) ਮਨ ਵਿਚ ਆ ਵੱਸਦਾ ਹੈਂ,
23156	518	ਜਾ ਤੂੰ ਤੁਸਹਿ ਮਿਹਰਵਾਨ ਨਉ ਨਿਧਿ ਘਰ ਮਹਿ ਪਾਹਿ॥		Jaa Thoon Thusehi Miharavaan No Nidhh Ghar Mehi Paahi ||	When You are pleased, O Merciful Lord, I find the nine treasures within the home of my own self.	ਜਦ ਤੂੰ ਮਿਹਰਵਾਨ ਹੋ ਜਾਏ, ਤਾਂ ਮਾਨੋ, ਨੌ ਖ਼ਜ਼ਾਨੇ (ਹਿਰਦੇ) ਘਰ ਵਿਚ ਹੀ ਲੱਭ ਲੈਂਦੇ ਹਨ;
23157	518	ਜਾ ਤੂੰ ਤੁਸਹਿ ਮਿਹਰਵਾਨ ਤਾ ਗੁਰ ਕਾ ਮੰਤ੍ਰੁ ਕਮਾਹਿ॥		Jaa Thoon Thusehi Miharavaan Thaa Gur Kaa Manthra Kamaahi ||	When You are pleased, O Merciful Lord, I act according to the Guru's Instructions.	ਜਦ ਤੂੰ ਮਿਹਰਵਾਨ ਹੋ ਜਾਏ, ਤਾਂ ਮਨੁੱਖ ਸਤਿਗੁਰੂ ਦਾ ਸ਼ਬਦ ਕਮਾਉਣ ਲੱਗ ਪੈਂਦੇ ਹਨ,
23158	518	ਜਾ ਤੂੰ ਤੁਸਹਿ ਮਿਹਰਵਾਨ ਤਾ ਨਾਨਕ ਸਚਿ ਸਮਾਹਿ॥੧॥		Jaa Thoon Thusehi Miharavaan Thaa Naanak Sach Samaahi ||1||	When You are pleased, O Merciful Lord, then Nanak is absorbed in the True One. ||1||	ਅਤੇ, ਹੇ ਨਾਨਕ! ਜੀਵ ਸੱਚ ਵਿਚ ਲੀਨ ਹੋ ਜਾਂਦੇ ਹਨ ॥੧॥
23159	518	ਮਃ ੫॥		Ma 5 ||	Fifth Mehl:	

23160	518	ਕਿਤੀ ਬੈਹਨ੍ਹਿ ਬੈਹਣੇ ਮੁਚੁ ਵਜਾਇਨਿ ਵਜ॥	ਕਿਤੀ: ਪੋਲਾ ਬੋਲੋ। (ਬੈਹਨ੍ਹਿ)ਸਿੰਘਾਸਣ। (ਮੁਚੁ)ਬਹੁਤੇ। ਵੱਜ ਵਾਜੇ।	Kithee Baihanih Baihanae Much Vajaaein Vaj ||	Many sit on thrones, to the sounds of musical instruments.	(ਇਸ ਜਗਤ ਵਿਚ) ਬੇਅੰਤ ਜੀਵ ਇਹਨਾਂ ਥਾਵਾਂ ਤੇ ਬੈਠ ਗਏ ਹਨ ਤੇ ਬਹੁਤ ਵਾਜੇ ਵਜਾ ਗਏ ਹਨ,
23161	518	ਨਾਨਕ ਸਚੇ ਨਾਮ ਵਿਣੁ ਕਿਸੈ ਨ ਰਹੀਆ ਲਜ॥੨॥	ਲੱਜ	Naanak Sachae Naam Vin Kisai N Reheeaa Laj ||2||	O Nanak, without the True Name, no one's honor is safe. ||2||	ਹੇ ਨਾਨਕ! ਪਰ ਸੱਚੇ ਨਾਮ ਤੋਂ ਵਾਂਜੇ ਰਹਿ ਕੇ ਕਿਸੇ ਦੀ ਭੀ ਇੱਜ਼ਤ ਨਹੀਂ ਰਹੀ ॥੨॥
23162	518	ਪਉੜੀ॥		Pourree ||	Pauree:	
23163	518	ਤੁਧੁ ਧਿਆਇਨ੍ਹਿ ਬੇਦ ਕਤੇਬਾ ਸਣੁ ਖੜੇ॥	ਖੜ੍ਹੇ	Thudhh Dhhiaaeinih Baedh Kathaebaa San Kharrae ||	The followers of the Vedas, the Bible and the Koran, standing at Your Door, meditate on You.	ਹੇ ਪ੍ਰਭੂ! (ਤੌਰੇਤ, ਜ਼ਬੂਰ, ਅੰਜੀਲ, ਕੁਰਾਨ) ਕਤੇਬਾਂ ਸਮੇਤ ਵੇਦ (ਭਾਵ, ਹਿੰਦੂ ਮੁਸਲਮਾਨ ਆਦਿਕ ਸਾਰੇ ਮਤਾਂ ਦੇ ਧਰਮ-ਪੁਸਤਕ) ਤੈਨੂੰ ਖੜੇ ਸਿਮਰ ਰਹੇ ਹਨ,
23164	518	ਗਣਤੀ ਗਣੀ ਨ ਜਾਇ ਤੇਰੈ ਦਰਿ ਪੜੇ॥	ਪੜੇ: ੜ ਹਲੰਤ ਨ ਲਾਉ	Ganathee Ganee N Jaae Thaerai Dhar Parrae ||	Uncounted are those who fall at Your Door.	ਇਤਨੇ ਜੀਵ ਤੇਰੇ ਦਰ ਤੇ ਡਿੱਗੇ ਹੋਏ ਹਨ ਕਿ ਉਹਨਾਂ ਦੀ ਗਿਣਤੀ ਨਹੀਂ ਗਿਣੀ ਜਾ ਸਕਦੀ,
23165	518	ਬ੍ਰਹਮੇ ਤੁਧੁ ਧਿਆਇਨ੍ਹਿ ਇੰਦ੍ਰ ਇੰਦ੍ਰਾਸਣਾ॥		Brehamae Thudhh Dhhiaaeinih Eindhr Eindhraasanaa ||	Brahma meditates on You, as does Indra on his throne.	ਕਈ ਬ੍ਰਹਮੇ ਤੇ ਸਿੰਘਾਸਨਾਂ ਵਾਲੇ ਕਈ ਇੰਦਰ ਤੈਨੂੰ ਧਿਆਉਂਦੇ ਹਨ, ਹੇ ਹਰੀ!

23166	518	ਸੰਕਰ ਬਿਸਨ ਅਵਤਾਰ ਹਰਿ ਜਸੁ ਮੁਖਿ ਭਣਾ॥		Sankar Bisan Avathaar Har Jas Mukh Bhanaa ||	Shiva and Vishnu, and their incarnations, chant the Lord's Praise with their mouths,	ਕਈ ਸ਼ਿਵ ਤੇ ਵਿਸ਼ਨੂੰ ਦੇ ਅਵਤਾਰ ਤੇਰਾ ਜਸ ਮੂੰਹੋਂ ਉਚਾਰ ਰਹੇ ਹਨ,
23167	518	ਪੀਰ ਪਿਕਾਬਰ ਸੇਖ ਮਸਾਇਕ ਅਉਲੀਏ॥	ਪਿ- ਕਾਂਬਰ। (ਮਸਾਇਕ)ਮਿਹਨਤ ਕਰਨ ਵਾਲੇ। ਅਉਲੀਏ: ਪੋਲਾ ਬੋਲੋ।	Peer Pikaabar Saekh Masaaeik Aouleeeae ||	As do the Pirs, the spiritual teachers, the prophets and the Shaykhs, the silent sages and the seers.	ਕਈ ਪੀਰ, ਪੈਗ਼ੰਬਰ, ਬੇਅੰਤ ਸ਼ੇਖ਼ ਤੇ ਵਲੀ (ਤੇਰੇ ਗੁਣ ਗਾ ਰਹੇ ਹਨ),
23168	518	ਓਤਿ ਪੋਤਿ ਨਿਰੰਕਾਰ ਘਟਿ ਘਟਿ ਮਉਲੀਏ॥	ਮਉੱਲੀਏ ਕਸਕੇ	Outh Poth Nirankaar Ghatt Ghatt Mouleeeae ||	Through and through, the Formless Lord is woven into each and every heart.	ਹੇ ਨਿਰੰਕਾਰ! ਤਾਣੇ ਪੇਟੇ ਵਾਂਗ ਹਰੇਕ ਸਰੀਰ ਵਿਚ ਤੂੰ ਹੀ ਮੌਲ ਰਿਹਾ ਹੈਂ।
23169	518	ਕੂੜਹੁ ਕਰੇ ਵਿਣਾਸੁ ਧਰਮੇ ਤਗੀਐ॥	(ਤਗੀਐ) ਤਰੱਕੀ ਤੱਗੀਐ	Koorrahu Karae Vinaas Dhharamae Thageeai ||	One is destroyed through falsehood; through righteousness, one prospers.	ਝੂਠ ਦੇ ਕਾਰਨ ਜੀਵ (ਆਪਣੇ ਆਪ ਦਾ) ਨਾਸ ਕਰ ਲੈਂਦਾ ਹੈ, ਤੇ ਧਰਮ ਦੀ ਰਾਹੀਂ (ਜੀਵਾਂ ਦੀ) ਤੋੜ ਨਿਭ ਜਾਂਦੀ ਹੈ।
23170	518	ਜਿਤੁ ਜਿਤੁ ਲਾਇਹਿ ਆਪਿ ਤਿਤੁ ਤਿਤੁ ਲਗੀਐ॥੨॥		Jith Jith Laaeihi Aap Thith Thith Lageeai ||2||	Whatever the Lord links him to, to that he is linked. ||2||	ਪਰ ਜਿਧਰ ਜਿਧਰ ਤੂੰ ਆਪ ਲਾਉਂਦਾ ਹੈਂ, ਓਧਰ ਓਧਰ ਹੀ ਲੱਗ ਸਕੀਦਾ ਹੈ ॥੨॥
23171	518	ਸਲੋਕੁ ਮਃ ੫॥		Salok Ma 5 ||	Shalok, Fifth Mehl:	

23172	518	ਚੰਗਿਆਈਂ ਆਲਕੁ ਕਰੇ ਬੁਰਿਆਈਂ ਹੋਇ ਸੇਰੁ॥	(ਆਲਕੁ)ਆਲਸ	Changiaaeanaee Aalak Karae Buriaaeanaee Hoe Saer ||	He is reluctant to do good, but eager to practice evil.	(ਗ਼ਾਫ਼ਲ ਮਨੁੱਖ) ਚੰਗੇ ਕੰਮਾਂ ਵਿਚ ਆਲਸ ਕਰਦਾ ਹੈ ਤੇ ਭੈੜੇ ਕੰਮਾਂ ਵਿਚ ਸ਼ੇਰ ਹੁੰਦਾ ਹੈ;
23173	518	ਨਾਨਕ ਅਜੁ ਕਲਿ ਆਵਸੀ ਗਾਫਲ ਫਾਹੀ ਪੇਰੁ॥੧॥		Naanak Aj Kal Aavasee Gaafal Faahee Paer ||1||	O Nanak, today or tomorrow, the feet of the careless fool shall fall into the trap. ||1||	ਹੇ ਨਾਨਕ! ਗ਼ਾਫ਼ਲ ਦਾ ਪੈਰ ਛੇਤੀ ਹੀ ਮੌਤ ਦੀ ਫਾਹੀ ਵਿਚ ਆ ਜਾਂਦਾ ਹੈ (ਭਾਵ, ਮੌਤ ਆ ਦਬੋਚਦੀ ਹੈ) ॥੧॥
23174	518	ਮਃ ੫॥		Ma 5 ||	Fifth Mehl:	
23175	518	ਕਿਤੀਆ ਕੁਢੰਗ ਗੁਝਾ ਥੀਐ ਨ ਹਿਤੁ॥	(ਕਿਤੀਆ) ਕਿਤਨੀਆਂ, ਬਹੁਤੀਆਂ ਕੀਤੀਆਂ। (ਕੁ-ਢੰਗ) ਖੋਟੀਆਂ ਕਰਤੂਤਾਂ। (ਹਿਤੁ) ਪ੍ਰੇਮਨਾਲ। (ਹਿਤੁ) ਖੋਟੇ ਕੰਮਾਂ ਦਾ ਪ੍ਰੇਮ। ਹਿਤੁ:ਪੋਲਾ ਬੋਲੋ	Kitheeaa Kudtang Gujhaa Thheeai N Hith ||	No matter how evil my ways are, still, Your Love for me is not concealed.	(ਹੇ ਪ੍ਰਭੂ!) ਅਸਾਡੇ ਕਈ ਖੋਟੇ ਕਰਮ ਤੇ ਖੋਟੇ ਕਰਮਾਂ ਦਾ ਮੋਹ ਤੈਥੋਂ ਲੁਕਿਆ ਹੋਇਆ ਨਹੀਂ।
23176	518	ਨਾਨਕ ਤੈ ਸਹਿ ਢਕਿਆ ਮਨ ਮਹਿ ਸਚਾ ਮਿਤੁ॥੨॥	ਢਕਿਆ: ਪੋਲਾ ਬੋਲੋ	Naanak Thai Sehi Dtakiaa Man Mehi Sachaa Mith ||2||	Nanak: You, O Lord, conceal my short-comings and dwell within my mind; You are my true friend. ||2||	ਹੇ ਨਾਨਕ! ਪ੍ਰਭੂ ਮੇਰੇ ਮਨ ਵਿਚ ਸੱਚਾ ਮਿੱਤਰ ਹੈ ਜੋ ਮੇਰੇ ਖੋਟੇ ਕਰਮਾਂ ਤੇ ਪਰਦਾ ਪਾ ਰੱਖਦਾ ਹੈ (ਭਾਵ, ਨਸ਼ਰ ਨਹੀਂ ਹੋਣ ਦੇਂਦਾ) ॥੨॥
23177	518	ਪਉੜੀ॥		Pourree ||	Pauree:	

23178	518	ਹਉ ਮਾਗਉ ਤੁਝੈ ਦਇਆਲ ਕਰਿ ਦਾਸਾ ਗੋਲਿਆ॥		Ho Maago Thujhai Dhaeiaal Kar Dhaasaa Goliaa ||	I beg of You, O Merciful Lord: please, make me the slave of Your slaves.	ਹੇ ਦਇਆ ਦੇ ਘਰ ਪ੍ਰਭੂ! ਮੈਂ ਤੈਥੋਂ (ਇਹ) ਮੰਗਦਾ ਹਾਂ (ਕਿ ਮੈਨੂੰ ਆਪਣੇ) ਦਾਸਾਂ ਦਾ ਦਾਸ ਬਣਾ ਲੈ;
23179	518	ਨਉ ਨਿਧਿ ਪਾਈ ਰਾਜੁ ਜੀਵਾ ਬੋਲਿਆ॥		No Nidhh Paaee Raaj Jeevaa Boliaa ||	I obtain the nine treasures and royalty; chanting Your Name, I live.	ਤੇਰਾ ਨਾਮ ਉਚਾਰਿਆਂ ਹੀ ਮੈਂ ਜੀਊਂਦਾ ਹਾਂ, (ਤੇ, ਮਾਨੋ,) ਨੌ ਖ਼ਜ਼ਾਨੇ ਤੇ (ਧਰਤੀ ਦਾ) ਰਾਜ ਪਾ ਲੈਂਦਾ ਹਾਂ,
23180	518	ਅੰਮ੍ਰਿਤ ਨਾਮੁ ਨਿਧਾਨੁ ਦਾਸਾ ਘਰਿ ਘਣਾ॥		Anmrith Naam Nidhhaan Dhaasaa Ghar Ghanaa ||	The great ambrosial treasure, the Nectar of the Naam, is in the home of the Lord's slaves.	ਇਹ ਅੰਮ੍ਰਿਤ-ਨਾਮ ਰੂਪ ਖ਼ਜ਼ਾਨਾ ਤੇਰੇ ਸੇਵਕਾਂ ਦੇ ਘਰ ਵਿਚ ਬਹੁਤ ਹੈ;
23181	518	ਤਿਨ ਕੈ ਸੰਗਿ ਨਿਹਾਲੁ ਸ੍ਰਵਣੀ ਜਸੁ ਸੁਣਾ॥		Thin Kai Sang Nihaal Sravanee Jas Sunaa ||	In their company, I am in ecstasy, listening to Your Praises with my ears.	ਜਦੋਂ ਮੈਂ ਉਹਨਾਂ ਦੀ ਸੰਗਤ ਵਿਚ (ਬੈਠ ਕੇ, ਆਪਣੇ) ਕੰਨਾਂ ਨਾਲ (ਤੇਰਾ) ਜਸ ਸੁਣਦਾ ਹਾਂ, ਮੈਂ ਨਿਹਾਲ ਹੋ ਜਾਂਦਾ ਹਾਂ।
23182	518	ਕਮਾਵਾ ਤਿਨ ਕੀ ਕਾਰ ਸਰੀਰੁ ਪਵਿਤੁ ਹੋਇ॥		Kamaavaa Thin Kee Kaar Sareer Pavith Hoe ||	Serving them, my body is purified.	(ਜਿਉਂ ਜਿਉਂ) ਮੈਂ ਉਹਨਾਂ ਦੀ ਸੇਵਾ ਕਰਦਾ ਹਾਂ, (ਮੇਰਾ) ਸਰੀਰ ਪਵਿਤ੍ਰ ਹੁੰਦਾ ਹੈ,

23183	518	ਪਖਾ ਪਾਣੀ ਪੀਸਿ ਬਿਗਸਾ ਪੈਰ ਧੋਇ॥	(ਬਿਗਸਾ) ਪ੍ਰਸੰਨ	Pakhaa Paanee Pees Bigasaa Pair Dhhoe ||	I wave the fans over them, and carry water for them; I grind the corn for them, and washing their feet, I am over-joyed.	(ਉਹਨਾਂ ਨੂੰ) ਪੱਖਾ ਝੱਲ ਕੇ, (ਉਹਨਾਂ ਲਈ) ਪਾਣੀ ਢੋ ਕੇ, (ਚੱਕੀ) ਪੀਹ ਕੇ, (ਤੇ ਉਹਨਾਂ ਦੇ) ਪੈਰ ਧੋ ਕੇ ਮੈਂ ਖ਼ੁਸ਼ ਹੁੰਦਾ ਹਾਂ।
23184	518	ਆਪਹੁ ਕਛੂ ਨ ਹੋਇ ਪ੍ਰਭ ਨਦਰਿ ਨਿਹਾਲੀਐ॥		Aapahu Kashhoo N Hoe Prabh Nadhar Nihaaleeai ||	By myself, I can do nothing; O God, bless me with Your Glance of Grace.	ਪਰ, ਹੇ ਪ੍ਰਭੂ! ਮੈਥੋਂ ਆਪਣੇ ਆਪ ਤੋਂ ਕੁਝ ਨਹੀਂ ਹੋ ਸਕਦਾ, ਤੂੰ ਹੀ ਮੇਰੇ ਵਲ ਮੇਹਰ ਦੀ ਨਜ਼ਰ ਨਾਲ ਤੱਕ,
23185	518	ਮੋਹਿ ਨਿਰਗੁਣ ਦਿਚੈ ਥਾਉ ਸੰਤ ਧਰਮਸਾਲੀਐ॥੩॥		Mohi Niragun Dhichai Thhaao Santh Dhharam Saaleeai ||3||	I am worthless - please, bless me with a seat in the place of worship of the Saints. ||3||	ਤੇ ਮੈਨੂੰ ਗੁਣ-ਹੀਨ ਨੂੰ ਸੰਤਾਂ ਦੀ ਸੰਗਤ ਵਿਚ ਥਾਂ ਦੇਹ ॥੩॥
23186	518	ਸਲੋਕ ਮਃ ੫॥		Salok Ma 5 ||	Shalok, Fifth Mehl:	
23187	518	ਸਾਜਨ ਤੇਰੇ ਚਰਨ ਕੀ ਹੋਇ ਰਹਾ ਸਦ ਧੂਰਿ॥		Saajan Thaerae Charan Kee Hoe Rehaa Sadh Dhhoor ||	O Friend, I pray that I may remain forever the dust of Your Feet.	ਹੇ ਸੱਜਣ! ਮੈਂ ਸਦਾ ਤੇਰੇ ਪੈਰਾਂ ਦੀ ਖ਼ਾਕ ਹੋਇਆ ਰਹਾਂ,
23188	518	ਨਾਨਕ ਸਰਣਿ ਤੁਹਾਰੀਆ ਪੇਖਉ ਸਦਾ ਹਜੂਰਿ॥੧॥		Naanak Saran Thuhaareeaa Paekho Sadhaa Hajoor ||1||	Nanak has entered Your Sanctuary, and beholds You ever-present. ||1||	ਨਾਨਕ ਅਰਦਾਸਦਾ ਹੈ ਕਿ ਮੈਂ ਤੇਰੀ ਸਰਨ ਪਿਆ ਰਹਾਂ ਅਤੇ ਤੈਨੂੰ ਹੀ ਆਪਣੇ ਅੰਗ-ਸੰਗ ਵੇਖਾਂ ॥੧॥
23189	518	ਮਃ ੫॥		Ma 5 ||	Fifth Mehl:	

23190	518	ਪਤਿਤ ਪੁਨੀਤ ਅਸੰਖ ਹੋਹਿ ਹਰਿ ਚਰਣੀ ਮਨੁ ਲਾਗ॥		Pathith Puneeth Asankh Hohi Har Charanee Man Laag ||	Countless sinners become pure, by fixing their minds on the Feet of the Lord.	(ਵਿਕਾਰਾਂ ਵਿਚ) ਡਿੱਗੇ ਹੋਏ ਭੀ ਬੇਅੰਤ ਜੀਵ ਪਵਿਤ੍ਰ ਹੋ ਜਾਂਦੇ ਹਨ ਜੇ ਉਹਨਾਂ ਦਾ ਮਨ ਪ੍ਰਭੂ ਦੇ ਚਰਨਾਂ ਵਿਚ ਲੱਗ ਜਾਏ,
23191	518	ਅਠਸਠਿ ਤੀਰਥ ਨਾਮੁ ਪ੍ਰਭ ਜਿਸੁ ਨਾਨਕ ਮਸਤਕਿ ਭਾਗ॥੨॥		Athasath Theerathh Naam Prabh Jis Naanak Masathak Bhaag ||2||	The Name of God is the sixty-eight holy places of pilgrimage, O Nanak, for one who has such destiny written upon his forehead. ||2||	ਪ੍ਰਭੂ ਦਾ ਨਾਮ ਹੀ ਅਠਾਹਠ ਤੀਰਥ ਹੈ, ਪਰ, ਹੇ ਨਾਨਕ! (ਇਹ ਉਸ ਨੂੰ ਮਿਲਦਾ ਹੈ) ਜਿਸ ਦੇ ਮੱਥੇ ਤੇ ਭਾਗ (ਲਿਖੇ) ਹਨ ॥੨॥
23192	518	ਪਉੜੀ॥		Pourree ||	Pauree:	
23193	518	ਨਿਤ ਜਪੀਐ ਸਾਸਿ ਗਿਰਾਸਿ ਨਾਉ ਪਰਵਦਿਗਾਰ ਦਾ॥	ਪਰਵਦਿਗਾਰ ਸਭ ਨੂੰ ਪਾਲਣ ਵਾਲੇ ਰਾਮਜੀ। ਨਿੱਤ	Nith Japeeai Saas Giraas Naao Paravadhigaar Dhaa ||	With every breath and morsel of food, chant the Name of the Lord, the Cherisher.	ਪਾਲਣਹਾਰ ਪ੍ਰਭੂ ਦਾ ਨਾਮ ਰੋਜ਼ ਸਾਹ ਲੈਂਦਿਆਂ ਤੇ ਖਾਂਦਿਆਂ ਹਰ ਵੇਲੇ ਜਪਣਾ ਚਾਹੀਦਾ ਹੈ,
23194	518	ਜਿਸ ਨੋ ਕਰੇ ਰਹੰਮ ਤਿਸੁ ਨ ਵਿਸਾਰਦਾ॥	(ਰਹੰਮ) ਕ੍ਰਿਪਾ	Jis No Karae Rehanm This N Visaaradhaa ||	The Lord does not forget one upon whom He has bestowed His Grace.	ਉਹ ਪ੍ਰਭੂ ਜਿਸ ਬੰਦੇ ਉੱਤੇ ਮਿਹਰ ਕਰਦਾ ਹੈ ਉਸ ਨੂੰ (ਆਪਣੇ ਮਨੋਂ) ਭੁਲਾਂਦਾ ਨਹੀਂ,
23195	518	ਆਪਿ ਉਪਾਵਣਹਾਰ ਆਪੇ ਹੀ ਮਾਰਦਾ॥		Aap Oupaavanehaar Aapae Hee Maaradhaa ||	He Himself is the Creator, and He Himself destroys.	ਉਹ ਆਪ ਜੀਵਾਂ ਨੂੰ ਪੈਦਾ ਕਰਨ ਵਾਲਾ ਹੈ ਤੇ ਆਪ ਹੀ ਮਾਰਦਾ ਹੈ,

23196	519	ਸਭੁ ਕਿਛੁ ਜਾਣੈ ਜਾਣੁ ਬੁਝਿ ਵੀਚਾਰਦਾ॥		Sabh Kishh Jaanai Jaan Bujh Veechaaradhaa ||	The Knower knows everything; He understands and contemplates.	ਉਹ ਅੰਤਰਜਾਮੀ (ਜੀਵਾਂ ਦੇ ਦਿਲ ਦੀ) ਹਰੇਕ ਗੱਲ ਜਾਣਦਾ ਹੈ ਤੇ ਉਸ ਨੂੰ ਸਮਝ ਕੇ (ਉਸ ਤੇ) ਵਿਚਾਰ ਭੀ ਕਰਦਾ ਹੈ,
23197	519	ਅਨਿਕ ਰੂਪ ਖਿਨ ਮਾਹਿ ਕੁਦਰਤਿ ਧਾਰਦਾ॥		Anik Roop Khin Maahi Kudharath Dhhaaradhaa ||	By His creative power, He assumes numerous forms in an instant.	ਇਕ ਪਲਕ ਵਿਚ ਕੁਦਰਤਿ ਦੇ ਅਨੇਕਾਂ ਰੂਪ ਬਣਾ ਦੇਂਦਾ ਹੈ,
23198	519	ਜਿਸ ਨੋ ਲਾਇ ਸਚਿ ਤਿਸਹਿ ਉਧਾਰਦਾ॥		Jis No Laae Sach Thisehi Oudhhaaradhaa ||	One whom the Lord attaches to the Truth is redeemed.	ਜਿਸ ਮਨੁੱਖ ਨੂੰ ਉਹ ਸੱਚ ਵਿਚ ਜੋੜਦਾ ਹੈ ਉਸ ਨੂੰ (ਵਿਕਾਰਾਂ ਤੋਂ) ਬਚਾ ਲੈਂਦਾ ਹੈ।
23199	519	ਜਿਸ ਦੈ ਹੋਵੈ ਵਲਿ ਸੁ ਕਦੇ ਨ ਹਾਰਦਾ॥		Jis Dhai Hovai Val S Kadhae N Haaradhaa ||	One who has God on his side is never conquered.	ਪ੍ਰਭੂ ਜਿਸ ਜੀਵ ਦੇ ਪੱਖ ਵਿਚ ਹੋ ਜਾਂਦਾ ਹੈ ਉਹ ਜੀਵ (ਵਿਕਾਰਾਂ ਨੂੰ ਕਾਬੂ ਕਰਨ ਦੀ ਬਾਜ਼ੀ) ਕਦੇ ਹਾਰਦਾ ਨਹੀਂ,
23200	519	ਸਦਾ ਅਭਗੁ ਦੀਬਾਣੁ ਹੈ ਹਉ ਤਿਸੁ ਨਮਸਕਾਰਦਾ॥੪॥	(ਅਭਗ) ਅਟੱਲ। ਅਭੱਗ	Sadhaa Abhag Dheebaan Hai Ho This Namasakaaradhaa ||4||	His Court is eternal and imperishable; I humbly bow to Him. ||4||	ਉਸ ਪ੍ਰਭੂ ਦਾ ਦਰਬਾਰ ਸਦਾ ਅਟੱਲ ਹੈ, ਮੈਂ ਉਸ ਨੂੰ ਨਮਸਕਾਰ ਕਰਦਾ ਹਾਂ ॥੪॥
23201	519	ਸਲੋਕ ਮਃ ੫॥		Salok Ma 5 ||	Shalok, Fifth Mehl:	

23202	519	ਕਾਮੁ ਕ੍ਰੋਧੁ ਲੋਭੁ ਛੋਡੀਐ ਦੀਜੈ ਅਗਨਿ ਜਲਾਇ॥		Kaam Krodhh Lobh Shhoddeeai Dheejai Agan Jalaae ||	Renounce sexual desire, anger and greed, and burn them in the fire.	ਹੇ ਨਾਨਕ! ਕਾਮ ਕ੍ਰੋਧ ਤੇ ਲੋਭ (ਆਦਿਕ ਵਿਕਾਰ) ਛੱਡ ਦੇਣੇ ਚਾਹੀਦੇ ਹਨ, (ਇਹਨਾਂ ਨੂੰ) ਅੱਗ ਵਿਚ ਸਾੜ ਦੇਈਏ,
23203	519	ਜੀਵਦਿਆ ਨਿਤ ਜਾਪੀਐ ਨਾਨਕ ਸਾਚਾ ਨਾਉ॥੧॥		Jeevadhiaa Nith Jaapeeai Naanak Saachaa Naao ||1||	As long as you are alive, O Nanak, meditate continually on the True Name. ||1||	ਜਦ ਤਕ ਜੀਉਂਦੇ ਹਾਂ (ਪ੍ਰਭੂ ਦਾ) ਸੱਚਾ ਨਾਮ ਸਦਾ ਸਿਮਰਦੇ ਰਹੀਏ ॥੧॥
23204	519	ਮਃ ੫॥		Ma 5 ||	Fifth Mehl:	
23205	519	ਸਿਮਰਤ ਸਿਮਰਤ ਪ੍ਰਭੁ ਆਪਣਾ ਸਭ ਫਲ ਪਾਏ ਆਹਿ॥		Simarath Simarath Prabh Aapanaa Sabh Fal Paaeae Aahi ||	Meditating, meditating in remembrance on my God, I have obtained all the fruits.	ਪ੍ਰਭੂ ਦਾ ਨਾਮ ਸਿਮਰ ਸਿਮਰ ਕੇ ਸਾਰੇ ਫਲ ਹਾਸਲ ਹੋ ਜਾਂਦੇ ਹਨ (ਭਾਵ, ਜਗਤ ਵਾਲੀਆਂ ਸਾਰੀਆਂ ਵਾਸ਼ਨਾ ਮੁੱਕ ਜਾਂਦੀਆਂ ਹਨ)
23206	519	ਨਾਨਕ ਨਾਮੁ ਅਰਾਧਿਆ ਗੁਰ ਪੂਰੈ ਦੀਆ ਮਿਲਾਇ॥੨॥		Naanak Naam Araadhhiaa Gur Poorai Dheeaa Milaae ||2||	O Nanak, I worship the Naam, the Name of the Lord; the Perfect Guru has united me with the Lord. ||2||	ਹੇ ਨਾਨਕ! ਜਿਸ ਮਨੁੱਖ ਨੇ ਪੂਰੇ ਗੁਰੂ ਦੀ ਰਾਹੀਂ ਪ੍ਰਭੂ ਦਾ ਨਾਮ ਸਿਮਰਿਆ ਹੈ, ਗੁਰੂ ਨੇ ਉਸ ਨੂੰ ਪ੍ਰਭੂ ਨਾਲ ਮਿਲਾ ਦਿੱਤਾ ਹੈ ॥੨॥
23207	519	ਪਉੜੀ॥		Pourree ||	Pauree:	
23208	519	ਸੋ ਮੁਕਤਾ ਸੰਸਾਰਿ ਜਿ ਗੁਰਿ ਉਪਦੇਸਿਆ॥		So Mukathaa Sansaar J Gur Oupadhaesiaa ||	One who has been instructed by the Guru is liberated in this world.	ਜਿਸ ਮਨੁੱਖ ਨੂੰ ਸਤਿਗੁਰੂ ਨੇ ਉਪਦੇਸ਼ ਦਿੱਤਾ ਹੈ ਉਹ ਜਗਤ ਵਿਚ (ਰਹਿੰਦਾ ਹੋਇਆ ਹੀ ਮਾਇਆ ਦੇ ਬੰਧਨਾਂ ਤੋਂ) ਆਜ਼ਾਦ ਹੈ;

23209	519	ਤਿਸ ਕੀ ਗਈ ਬਲਾਇ ਮਿਟੇ ਅੰਦੇਸਿਆ॥		This Kee Gee Balaae Mittae Andhaesiaa ||	He avoids disaster, and his anxiety is dispelled.	ਉਸ ਦੀ ਬਿਪਤਾ ਦੂਰ ਹੋ ਜਾਂਦੀ ਹੈ, ਉਸ ਦੇ ਫ਼ਿਕਰ ਮਿਟ ਜਾਂਦੇ ਹਨ;
23210	519	ਤਿਸ ਕਾ ਦਰਸਨੁ ਦੇਖਿ ਜਗਤੁ ਨਿਹਾਲੁ ਹੋਇ॥	ਜੱਗਤੁ	This Kaa Dharasan Dhaekh Jagath Nihaal Hoe ||	Beholding the blessed vision of his Darshan, the world is over-joyed.	ਉਸ ਦਾ ਦਰਸ਼ਨ ਕਰ ਕੇ (ਸਾਰਾ) ਜਗਤ ਨਿਹਾਲ ਹੋ ਜਾਂਦਾ ਹੈ,
23211	519	ਜਨ ਕੈ ਸੰਗਿ ਨਿਹਾਲੁ ਪਾਪਾ ਮੈਲੁ ਧੋਇ॥		Jan Kai Sang Nihaal Paapaa Mail Dhhoe ||	In the company of the Lord's humble servants, the world is over-joyed, and the filth of sin is washed away.	ਉਸ ਜਨ ਦੀ ਸੰਗਤ ਵਿਚ ਜੀਵ ਪਾਪਾਂ ਦੀ ਮੈਲ ਧੋ ਕੇ ਨਿਹਾਲ ਹੁੰਦਾ ਹੈ;
23212	519	ਅੰਮ੍ਰਿਤੁ ਸਾਚਾ ਨਾਉ ਓਥੈ ਜਾਪੀਐ॥		Anmrith Saachaa Naao Outhhai Jaapeeai ||	There, they meditate on the Ambrosial Nectar of the True Name.	ਉਸ ਦੀ ਸੰਗਤ ਵਿਚ ਅਮਰ ਕਰਨ ਵਾਲਾ ਸੱਚਾ ਨਾਮ ਸਿਮਰੀਦਾ ਹੈ।
23213	519	ਮਨ ਕਉ ਹੋਇ ਸੰਤੋਖੁ ਭੁਖਾ ਧ੍ਰਾਪੀਐ॥		Man Ko Hoe Santhokh Bhukhaa Dhhraapeeai ||	The mind becomes content, and its hunger is satisfied.	ਤ੍ਰਿਸ਼ਨਾ ਦਾ ਮਾਰਿਆ ਬੰਦਾ ਭੀ ਓਥੇ ਰੱਜ ਜਾਂਦਾ ਹੈ, ਉਸ ਦੇ ਮਨ ਨੂੰ ਸੰਤੋਖ ਆ ਜਾਂਦਾ ਹੈ।

23214	519	ਜਿਸੁ ਘਟਿ ਵਸਿਆ ਨਾਉ ਤਿਸੁ ਬੰਧਨ ਕਾਟੀਐ॥		Jis Ghatt Vasiaa Naao This Bandhhan Kaatteeai ||	One whose heart is filled with the Name, has his bonds cut away.	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਵੱਸਦਾ ਹੈ ਉਸ ਦੇ (ਮਾਇਆ ਵਾਲੇ) ਬੰਧਨ ਕੱਟੇ ਜਾਂਦੇ ਹਨ।
23215	519	ਗੁਰ ਪਰਸਾਦਿ ਕਿਨੈ ਵਿਰਲੈ ਹਰਿ ਧਨੁ ਖਾਟੀਐ॥੫॥		Gur Parasaadh Kinai Viralai Har Dhhan Khaatteeai ||5||	By Guru's Grace, some rare person earns the wealth of the Lord's Name. ||5||	ਪਰ, ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ ਨਾਮ-ਧਨ ਖੱਟਿਆ ਹੈ ॥੫॥
23216	519	ਸਲੋਕ ਮਃ ੫॥		Salok Ma 5 ||	Shalok, Fifth Mehl:	
23217	519	ਮਨ ਮਹਿ ਚਿਤਵਉ ਚਿਤਵਨੀ ਉਦਮੁ ਕਰਉ ਉਠਿ ਨੀਤ॥		Man Mehi Chithavo Chithavanee Oudham Karo Outh Neeth ||	Within my mind, I think thoughts of always rising early, and making the effort.	ਮੈਂ ਆਪਣੇ ਮਨ ਵਿਚ (ਇਹ) ਸੋਚਦਾ ਹਾਂ ਕਿ ਨਿੱਤ (ਸਵੇਰੇ) ਉੱਠ ਕੇ ਉੱਦਮ ਕਰਾਂ।
23218	519	ਹਰਿ ਕੀਰਤਨ ਕਾ ਆਹਰੋ ਹਰਿ ਦੇਹੁ ਨਾਨਕ ਕੇ ਮੀਤ ॥੧॥		Har Keerathan Kaa Aaharo Har Dhaehu Naanak Kae Meeth ||1||	O Lord, my Friend, please bless Nanak with the habit of singing the Kirtan of the Lord's Praises. ||1||	ਹੇ ਨਾਨਕ ਦੇ ਮਿਤ੍ਰ! ਮੈਨੂੰ ਆਪਣੀ ਸਿਫ਼ਤ-ਸਾਲਾਹ ਦਾ ਆਹਰ ਬਖ਼ਸ਼ ॥੧॥
23219	519	ਮਃ ੫॥		Ma 5 ||	Fifth Mehl:	

23220	519	ਦ੍ਰਿਸਟਿ ਧਾਰਿ ਪ੍ਰਭਿ ਰਾਖਿਆ ਮਨੁ ਤਨੁ ਰਤਾ ਮੂਲਿ॥		Dhrisatt Dhhaar Prabh Raakhiaa Man Than Rathaa Mool ||	Casting His Glance of Grace, God has saved me; my mind and body are imbued with the Primal Being.	ਜਿਨ੍ਹਾਂ ਨੂੰ ਪ੍ਰਭੂ ਨੇ ਮੇਹਰ ਦੀ ਨਜ਼ਰ ਕਰ ਕੇ ਰੱਖ ਲਿਆ ਹੈ ਉਹਨਾਂ ਦਾ ਮਨ ਤੇ ਤਨ ਪ੍ਰਭੂ ਵਿਚ ਰੱਤਾ ਰਹਿੰਦਾ ਹੈ,
23221	519	ਨਾਨਕ ਜੋ ਪ੍ਰਭ ਭਾਣੀਆ ਮਰਉ ਵਿਚਾਰੀ ਸੂਲਿ॥੨॥		Naanak Jo Prabh Bhaaneeaa Maro Vichaaree Sool ||2||	O Nanak, those who are pleasing to God, have their cries of suffering taken away. ||2||	ਹੇ ਨਾਨਕ! (ਇਹ ਹਾਲਤ ਹੈ ਉਨ੍ਹਾਂ ਦੀ) ਜੋ (ਜੀਵ-ਇਸਤ੍ਰੀਆਂ) ਪ੍ਰਭੂ ਨੂੰ ਭਾ ਗਈਆਂ ਹਨ। ਪਰ ਮੈਂ ਅਭਾਗਣ ਦੁਖ ਵਿਚ ਮਰ ਰਹੀ ਹਾਂ (ਹੇ ਪ੍ਰਭੂ! ਮੇਰੇ ਤੇ ਕਿਰਪਾ ਕਰ) ॥੨॥
23222	519	ਪਉੜੀ॥		Pourree ||	Pauree:	
23223	519	ਜੀਅ ਕੀ ਬਿਰਥਾ ਹੋਇ ਸੁ ਗੁਰ ਪਹਿ ਅਰਦਾਸਿ ਕਰਿ॥		Jeea Kee Birathhaa Hoe S Gur Pehi Aradhaas Kar ||	When your soul is feeling sad, offer your prayers to the Guru.	ਦਿਲ ਦਾ ਜੋ ਦੁੱਖ ਹੋਵੇ ਉਹ ਆਪਣੇ ਸਤਿਗੁਰੂ ਅਗੇ ਬੇਨਤੀ ਕਰ!
23224	519	ਛੋਡਿ ਸਿਆਣਪ ਸਗਲ ਮਨੁ ਤਨੁ ਅਰਪਿ ਧਰਿ॥		Shhodd Siaanap Sagal Man Than Arap Dhhar ||	Renounce all your cleverness, and dedicate your mind and body to Him.	ਆਪਣੀ ਸਾਰੀ ਚਤੁਰਾਈ ਛੱਡ ਦੇਹ ਤੇ ਮਨ ਤਨ ਗੁਰੂ ਦੇ ਹਵਾਲੇ ਕਰ ਦੇਹ!
23225	519	ਪੂਜਹੁ ਗੁਰ ਕੇ ਪੈਰ ਦੁਰਮਤਿ ਜਾਇ ਜਰਿ॥		Poojahu Gur Kae Pair Dhuramath Jaae Jar ||	Worship the Feet of the Guru, and your evil-mindedness shall be burnt away.	ਸਤਿਗੁਰੂ ਦੇ ਪੈਰ ਪੂਜ! (ਭਾਵ, ਗੁਰੂ ਦਾ ਆਸਰਾ ਲੈ, ਇਸ ਤਰ੍ਹਾਂ) ਭੈੜੀ ਮੱਤ (ਰੂਪ 'ਬਿਰਥਾ') ਸੜ ਜਾਂਦੀ ਹੈ।

23226	519	ਸਾਧ ਜਨਾ ਕੈ ਸੰਗਿ ਭਵਜਲੁ ਬਿਖਮੁ ਤਰਿ॥		Saadhh Janaa Kai Sang Bhavajal Bikham Thar ||	Joining the Saadh Sangat, the Company of the Holy, you shall cross over the terrifying and difficult world-ocean.	ਗੁਰਮੁਖਾਂ ਦੀ ਸੰਗਤ ਵਿਚ ਇਹ ਔਖਾ ਸੰਸਾਰ-ਸਮੁੰਦਰ ਤਰ ਜਾਈਦਾ ਹੈ।
23227	519	ਸੇਵਹੁ ਸਤਿਗੁਰ ਦੇਵ ਅਗੈ ਨ ਮਰਹੁ ਡਰਿ॥		Saevahu Sathigur Dhaev Agai N Marahu Ddar ||	Serve the True Guru, and in the world hereafter, you shall not die of fear.	ਗੁਰੂ ਦੇ ਦੱਸੇ ਰਾਹ ਤੇ ਤੁਰੋ, ਪਰਲੋਕ ਵਿਚ ਡਰ ਡਰ ਨਹੀਂ ਮਰੋਗੇ।
23228	519	ਖਿਨ ਮਹਿ ਕਰੇ ਨਿਹਾਲੁ ਊਣੇ ਸੁਭਰ ਭਰਿ॥	(ਸੁਭਰ) ਚੰਗੀ ਤਰ੍ਹਾਂ ਭਰਿਆ। ਸੁੱਭਰ	Khin Mehi Karae Nihaal Oonae Subhar Bhar ||	In an instant, he shall make you happy, and the empty vessel shall be filled to overflowing.	ਗੁਰੂ (ਗੁਣਾਂ ਤੋਂ) ਸੱਖਣੇ ਬੰਦਿਆਂ ਨੂੰ (ਗੁਣਾਂ ਨਾਲ) ਨਕਾ-ਨਕ ਭਰ ਕੇ ਇਕ ਪਲਕ ਵਿਚ ਨਿਹਾਲ ਕਰ ਦੇਂਦਾ ਹੈ।
23229	519	ਮਨ ਕਉ ਹੋਇ ਸੰਤੋਖੁ ਧਿਆਈਐ ਸਦਾ ਹਰਿ॥		Man Ko Hoe Santhokh Dhhiaaeeai Sadhaa Har ||	The mind becomes content, meditating forever on the Lord.	(ਗੁਰੂ ਦੀ ਰਾਹੀਂ ਜੇ) ਸਦਾ ਪ੍ਰਭੂ ਨੂੰ ਸਿਮਰੀਏ ਤਾਂ ਮਨ ਨੂੰ ਸੰਤੋਖ ਆਉਂਦਾ ਹੈ।
23230	519	ਸੋ ਲਗਾ ਸਤਿਗੁਰ ਸੇਵ ਜਾ ਕਉ ਕਰਮੁ ਧੁਰਿ॥੬॥		So Lagaa Sathigur Saev Jaa Ko Karam Dhhur ||6||	He alone dedicates himself to the Guru's service, unto whom the Lord has granted His Grace. ||6||	ਪਰ, ਗੁਰੂ ਦੀ ਦੱਸੀ ਸੇਵਾ ਵਿਚ ਉਹੀ ਮਨੁੱਖ ਲੱਗਦਾ ਹੈ ਜਿਸ ਉਤੇ ਧੁਰੋਂ ਬਖ਼ਸ਼ਸ਼ ਹੋਵੇ ॥੬॥
23231	519	ਸਲੋਕ ਮਃ ੫॥		Salok Ma 5 ||	Shalok, Fifth Mehl:	

23232	519	ਲਗੜੀ ਸੁਥਾਨਿ ਜੋੜਣਹਾਰੈ ਜੋੜੀਆ॥	ਲੱਗੜੀ। (ਸੁਥਾਨਿ) ਉੱਤਮ ਅਸਥਾਨ। ਜੋੜਣ-ਹਾਰੈ	Lagarree Suthhaan Jorranehaarai Jorreeaa ||	I am attached to the right place; the Uniter has united me.	(ਮੇਰੀ ਪ੍ਰੀਤ) ਚੰਗੇ ਟਿਕਾਣੇ ਤੇ (ਭਾਵ, ਪਿਆਰੇ ਪ੍ਰਭੂ ਦੇ ਚਰਨਾਂ ਵਿਚ) ਚੰਗੀ ਤਰ੍ਹਾਂ ਲੱਗ ਗਈ ਹੈ ਜੋੜਨਹਾਰ ਪ੍ਰਭੂ ਨੇ ਆਪ ਜੋੜੀ ਹੈ,
23233	519	ਨਾਨਕ ਲਹਰੀ ਲਖ ਸੈ ਆਨ ਡੁਬਣ ਦੇਇ ਨ ਮਾ ਪਿਰੀ॥੧॥	ਸੈ ਹੈ, ਸੈਂਕੜੇ। ਮਾ ਬਿੰਦੀ ਨ ਲਾ। ਲੱਖ	Naanak Leharee Lakh Sai Aan Dduban Dhaee N Maa Piree ||1||	O Nanak, there are hundreds and thousands of waves, but my Husband Lord does not let me drown. ||1||	ਹੇ ਨਾਨਕ! (ਜਗਤ ਵਿਚ) ਸੈਂਕੜੇ ਤੇ ਲੱਖਾਂ ਹੋਰ ਹੋਰ (ਭਾਵ, ਵਿਕਾਰਾਂ ਦੀਆਂ) ਲਹਿਰਾਂ (ਚੱਲ ਰਹੀਆਂ) ਹਨ, ਪਰ, ਮੇਰਾ ਪਿਆਰਾ (ਮੈਨੂੰ ਇਹਨਾਂ ਲਹਿਰਾਂ ਵਿਚ) ਡੁੱਬਣ ਨਹੀਂ ਦੇਂਦਾ ॥੧॥
23234	519	ਮਃ ੫॥		Ma 5 ||	Fifth Mehl:	
23235	519	ਬਨਿ ਭੀਹਾਵਲੈ ਹਿਕੁ ਸਾਥੀ ਲਧਮੁ ਦੁਖ ਹਰਤਾ ਹਰਿ ਨਾਮਾ॥	(ਭੀਹਾਵਲੈ)ਭਿਆਨਕ। (ਲਧਮੁ) ਲੱਭਾ। ਹਿੱਕੁ ਲੱਧਮੁ	Ban Bheehaavalai Hik Saathhee Ladhham Dhukh Harathaa Har Naamaa ||	In the dreadful wilderness, I have found the one and only companion; the Name of the Lord is the Destroyer of distress.	(ਸੰਸਾਰ ਰੂਪ ਇਸ) ਡਰਾਉਣੇ ਜੰਗਲ ਵਿਚ ਮੈਨੂੰ ਹਰਿ-ਨਾਮ ਰੂਪ ਇਕੋ ਸਾਥੀ ਲੱਭਾ ਹੈ ਜੋ ਦੁੱਖਾਂ ਦਾ ਨਾਸ ਕਰਨ ਵਾਲਾ ਹੈ,
23236	519	ਬਲਿ ਬਲਿ ਜਾਈ ਸੰਤ ਪਿਆਰੇ ਨਾਨਕ ਪੂਰਨ ਕਾਮਾਂ॥੨॥		Bal Bal Jaaee Santh Piaarae Naanak Pooran Kaamaan ||2||	I am a sacrifice, a sacrifice to the Beloved Saints, O Nanak; through them, my affairs have been brought to fulfillment. ||2||	ਹੇ ਨਾਨਕ! ਮੈਂ ਪਿਆਰੇ ਗੁਰੂ ਤੋਂ ਸਦਕੇ ਹਾਂ (ਜਿਸ ਦੀ ਮਿਹਰ ਨਾਲ ਮੇਰਾ ਇਹ) ਕੰਮ ਸਿਰੇ ਚੜ੍ਹਿਆ ਹੈ ॥੨॥
23237	519	ਪਉੜੀ॥		Pourree ||	Pauree:	

23238	519	ਪਾਈਅਨਿ ਸਭਿ ਨਿਧਾਨ ਤੇਰੈ ਰੰਗਿ ਰਤਿਆ॥	ਰੱਤਿਆ	Paaeean Sabh Nidhhaan Thaerai Rang Rathiaa ||	All treasures are obtained, when we are attuned to Your Love.	(ਹੇ ਪ੍ਰਭੂ!) ਜੇ ਤੇਰੇ (ਪਿਆਰ ਦੇ) ਰੰਗ ਵਿਚ ਰੰਗੇ ਜਾਈਏ ਤਾਂ, ਮਾਨੋ, ਸਾਰੇ ਖ਼ਜ਼ਾਨੇ ਮਿਲ ਜਾਂਦੇ ਹਨ।
23239	519	ਨ ਹੋਵੀ ਪਛੋਤਾਉ ਤੁਧਨੋ ਜਪਤਿਆ॥		N Hovee Pashhothaao Thudhh No Japathiaa ||	One does not have to suffer regret and repentance, when he meditates on You.	ਤੈਨੂੰ ਸਿਮਰਦਿਆਂ (ਕਿਸੇ ਗੱਲੇ) ਪਛੁਤਾਉਣਾ ਨਹੀਂ ਪੈਂਦਾ (ਭਾਵ, ਕੋਈ ਐਸਾ ਮੰਦਾ ਕੰਮ ਨਹੀਂ ਕਰ ਸਕੀਦਾ ਜਿਸ ਕਰਕੇ ਪਛਤਾਉਣਾ ਪਏ)।
23240	519	ਪਹੁਚਿ ਨ ਸਕੈ ਕੋਇ ਤੇਰੀ ਟੇਕ ਜਨ॥		Pahuch N Sakai Koe Thaeree Ttaek Jan ||	No one can equal Your humble servant, who has Your Support.	ਜਿਨ੍ਹਾਂ ਸੇਵਕਾਂ ਨੂੰ ਤੇਰਾ ਆਸਰਾ ਹੁੰਦਾ ਹੈ ਉਹਨਾਂ ਦੀ ਬਰਾਬਰੀ ਕੋਈ ਨਹੀਂ ਕਰ ਸਕਦਾ।
23241	519	ਗੁਰ ਪੂਰੇ ਵਾਹੁ ਵਾਹੁ ਸੁਖ ਲਹਾ ਚਿਤਾਰਿ ਮਨ॥		Gur Poorae Vaahu Vaahu Sukh Lehaa Chithaar Man ||	Waaho! Waaho! How wonderful is the Perfect Guru! Cherishing Him in my mind, I obtain peace.	ਹੇ ਮਨ! ਪੂਰੇ ਗੁਰੂ ਨੂੰ ਸ਼ਾਬਾਸ਼ੇ (ਆਖ, ਜਿਸ ਦੀ ਰਾਹੀਂ 'ਨਾਮ') ਚਿਤਾਰ ਕੇ ਸੁਖ ਮਿਲਦਾ ਹੈ।
23242	519	ਗੁਰ ਪਹਿ ਸਿਫਤਿ ਭੰਡਾਰੁ ਕਰਮੀ ਪਾਈਐ॥		Gur Pehi Sifath Bhanddaar Karamee Paaeeai ||	The treasure of the Lord's Praise comes from the Guru; by His Mercy, it is obtained.	ਸਿਫ਼ਤ-ਸਾਲਾਹ ਦਾ ਖ਼ਜ਼ਾਨਾ ਸਤਿਗੁਰੂ ਦੇ ਪਾਸ ਹੀ ਹੈ, ਤੇ ਮਿਲਦਾ ਹੈ ਪਰਮਾਤਮਾ ਦੀ ਕਿਰਪਾ ਨਾਲ।
23243	519	ਸਤਿਗੁਰ ਨਦਰਿ ਨਿਹਾਲ ਬਹੁੜਿ ਨ ਧਾਈਐ॥		Sathigur Nadhar Nihaal Bahurr N Dhhaaeeai ||	When the True Guru bestows His Glance of Grace, one does not wander any more.	ਜੇ ਸਤਿਗੁਰੂ ਮੇਹਰ ਦੀ ਨਜ਼ਰ ਨਾਲ ਤੱਕੇ ਤਾਂ ਮੁੜ ਮੁੜ ਨਹੀਂ ਭਟਕੀਦਾ।

23244	519	ਰਖੈ ਆਪਿ ਦਇਆਲੁ ਕਰਿ ਦਾਸਾ ਆਪਣੇ॥		Rakhai Aap Dhaeiaal Kar Dhaasaa Aapanae ||	The Merciful Lord preserves him - He makes him His own slave.	ਦਇਆ ਦਾ ਘਰ ਪ੍ਰਭੂ ਆਪ ਆਪਣੇ ਸੇਵਕ ਬਣਾ ਕੇ (ਇਸ ਭਟਕਣਾ ਤੋਂ) ਬਚਾਂਦਾ ਹੈ।
23245	519	ਹਰਿ ਹਰਿ ਹਰਿ ਹਰਿ ਨਾਮੁ ਜੀਵਾ ਸੁਣਿ ਸੁਣੇ॥੭॥		Har Har Har Har Naam Jeevaa Sun Sunae ||7||	Listening, hearing the Name of the Lord, Har, Har, Har, Har, I live. ||7||	ਮੈਂ ਭੀ ਉਸੇ ਪ੍ਰਭੂ ਦਾ ਨਾਮ ਸੁਣ ਸੁਣ ਕੇ ਜੀਊ ਰਿਹਾ ਹਾਂ ॥੭॥
23246	520	ਸਲੋਕ ਮਃ ੫॥		Salok Ma 5 ||	Shalok, Fifth Mehl:	
23247	520	ਪ੍ਰੇਮ ਪਟੋਲਾ ਤੈ ਸਹਿ ਦਿਤਾ ਢਕਣ ਕੂ ਪਤਿ ਮੇਰੀ॥	ਢਕਣ ਪੋਲਾ। ਗੁਰਤਾ ਰੂਪੀ ਪ੍ਰੇਮ (ਪਟੋਲਾ) ਬਸਤ੍ਰ ਸਿਰੋਪਾਉ	Praem Pattolaa Thai Sehi Dhithaa Dtakan Koo Path Maeree ||	O Husband Lord, You have given me the silk gown of Your Love to cover and protect my honor.	ਇੱਜ਼ਤ ਢਕ ਰੱਖਣ ਲਈ (ਹੇ ਪ੍ਰਭੂ!) ਤੈਂ ਖਸਮ ਨੇ ਮੈਨੂੰ ਆਪਣਾ 'ਪਿਆਰ'-ਰੂਪ ਰੇਸ਼ਮੀ ਕੱਪੜਾ ਦਿੱਤਾ ਹੈ,
23248	520	ਦਾਨਾ ਬੀਨਾ ਸਾਈ ਮੈਡਾ ਨਾਨਕ ਸਾਰ ਨ ਜਾਣਾ ਤੇਰੀ॥੧॥	ਸਾਂਈਂ	Dhaanaa Beenaa Saaee Maiddaa Naanak Saar N Jaanaa Thaeree ||1||	You are all-wise and all-knowing, O my Master; Nanak: I have not appreciated Your value, Lord. ||1||	ਤੂੰ ਮੇਰਾ ਖਸਮ (ਮੇਰੇ ਦਿਲ ਦੀ) ਜਾਣਨ ਵਾਲਾ ਹੈਂ, ਪਰ, ਮੈਂ ਤੇਰੀ ਕਦਰ ਨਹੀਂ ਜਾਤੀ। ਨਾਨਕ (ਕਹਿੰਦਾ ਹੈ)! ॥੧॥
23249	520	ਮਃ ੫॥		Ma 5 ||	Fifth Mehl:	

23250	520	ਤੈਡੈ ਸਿਮਰਣਿ ਹਭੁ ਕਿਛੁ ਲਧਮੁ ਬਿਖਮੁ ਨ ਡਿਠਮੁ ਕੋਈ॥	(ਹਭੁ) ਸਾਰੇ।ਲੱਧਮੁ। ਡਿੱਠਮੁ	Thaiddai Simaran Habh Kishh Ladhham Bikham N Dditham Koee ||	By Your meditative remembrance, I have found everything; nothing seems difficult to me.	(ਹੇ ਪ੍ਰਭੂ!) ਤੇਰੇ ਸਿਮਰਨ (ਦੀ ਬਰਕਤਿ) ਨਾਲ ਮੈਂ (ਮਾਨੋ) ਹਰੇਕ ਪਦਾਰਥ ਲੱਭ ਲਿਆ ਹੈ, (ਤੇ ਜ਼ਿੰਦਗੀ ਵਿਚ) ਕੋਈ ਔਖਿਆਈ ਨਹੀਂ ਵੇਖੀ।
23251	520	ਜਿਸੁ ਪਤਿ ਰਖੈ ਸਚਾ ਸਾਹਿਬੁ ਨਾਨਕ ਮੇਟਿ ਨ ਸਕੈ ਕੋਈ॥੨॥		Jis Path Rakhai Sachaa Saahib Naanak Maett N Sakai Koee ||2||	One whose honor the True Lord Master has preserved - O Nanak, no one can dishonor him. ||2||	ਹੇ ਨਾਨਕ! ਜਿਸ ਮਨੁੱਖ ਦੀ ਇੱਜ਼ਤ ਮਾਲਕ ਆਪ ਰੱਖੇ, (ਉਸ ਦੀ ਇੱਜ਼ਤ ਨੂੰ ਹੋਰ) ਕੋਈ ਨਹੀਂ ਮਿਟਾ ਸਕਦਾ ॥੨॥
23252	520	ਪਉੜੀ॥		Pourree ||	Pauree:	
23253	520	ਹੋਵੈ ਸੁਖੁ ਘਣਾ ਦਯਿ ਧਿਆਇਐ॥	ਦ-ਯਿ: ਦ ਮੁਕਤਾ, ਯਿ ਸਿਹਾਰੀ ਸਹਿਤ, ਤਾਲੂ ਤੋਂ ਬੋਲ।ਸਾਵਧਾਨ !ਅੱਠਾਂ ਤੁਕਾਂ ਚ ਈੜੀ ਨੂੰ ਸਿਹਾਰੀ ਲਾਉ	Hovai Sukh Ghanaa Dhay Dhhiaaeiai ||	Meditating on the Lord, there comes a great peace.	ਜੇ ਪਿਆਰੇ ਪ੍ਰਭੂ ਨੂੰ ਸਿਮਰੀਏ ਤਾਂ ਬਹੁਤ ਹੀ ਸੁਖ ਹੁੰਦਾ ਹੈ।
23254	520	ਵੰਞੈ ਰੋਗਾ ਘਾਣਿ ਹਰਿ ਗੁਣ ਗਾਇਐ॥	(ਵੰਞੈ) ਜਾਂਦਾ ਹੈ	Vannjai Rogaa Ghaan Har Gun Gaaeiai ||	Multitudes of illnesses vanish, singing the Glorious Praises of the Lord.	ਜੇ ਹਰੀ ਦੇ ਗੁਣ ਗਾਵੀਏ ਤਾਂ ਰੋਗਾਂ ਦੇ ਘਾਣ (ਭਾਵ, ਸਾਰੇ ਹੀ ਰੋਗ) ਨਾਸ ਹੋ ਜਾਂਦੇ ਹਨ।
23255	520	ਅੰਦਰਿ ਵਰਤੈ ਠਾਢਿ ਪ੍ਰਭਿ ਚਿਤਿ ਆਇਐ॥		Andhar Varathai Thaadt Prabh Chith Aaeiai ||	Utter peace pervades within, when God comes to mind.	ਜੇ ਪ੍ਰਭੂ ਚਿਤ ਵਿਚ ਆ ਵੱਸੇ ਤਾਂ ਚਿਤ ਵਿਚ ਠੰਢ ਪੈ ਜਾਂਦੀ ਹੈ।

23256	520	ਪੂਰਨ ਹੋਵੈ ਆਸ ਨਾਇ ਮੰਨਿ ਵਸਾਇਐ॥		Pooran Hovai Aas Naae Mann Vasaaeiai ||	One's hopes are fulfilled, when one's mind is filled with the Name.	ਜੇ ਪ੍ਰਭੂ ਦਾ ਨਾਮ ਮਨ ਵਿਚ ਵੱਸ ਪਏ, ਤਾਂ ਆਸ ਪੂਰੀ ਹੋ ਜਾਂਦੀ ਹੈ (ਭਾਵ, ਆਸਾ ਤ੍ਰਿਸਨਾ ਆਦਿਕ ਮਿਟ ਜਾਂਦੀ ਹੈ)।
23257	520	ਕੋਇ ਨ ਲਗੈ ਬਿਘਨੁ ਆਪੁ ਗਵਾਇਐ॥		Koe N Lagai Bighan Aap Gavaaeiai ||	No obstacles stand in the way, when one eliminates his self-conceit.	ਜੇ ਆਪਾ ਭਾਵ ਗਵਾ ਦੇਈਏ ਤਾਂ (ਜ਼ਿੰਦਗੀ ਦੇ ਰਾਹ ਵਿਚ) ਕੋਈ ਔਕੜ ਨਹੀਂ ਆਉਂਦੀ।
23258	520	ਗਿਆਨ ਪਦਾਰਥੁ ਮਤਿ ਗੁਰ ਤੇ ਪਾਇਐ॥		Giaan Padhaarathh Math Gur Thae Paaeiai ||	The intellect attains the blessing of spiritual wisdom from the Guru.	ਜੇ ਸਤਿਗੁਰੂ ਤੋਂ ਮੱਤ ਹਾਸਲ ਕਰੀਏ ਤਾਂ (ਪ੍ਰਭੂ ਦੇ) ਗਿਆਨ ਦਾ ਖ਼ਜ਼ਾਨਾ (ਮਿਲ ਜਾਂਦਾ ਹੈ)।
23259	520	ਤਿਨਿ ਪਾਏ ਸਭੇ ਥੋਕ ਜਿਸੁ ਆਪਿ ਦਿਵਾਇਐ॥		Thin Paaeae Sabhae Thhok Jis Aap Dhivaaeiai ||	He receives everything, unto whom the Lord Himself gives.	ਪਰ, ਇਹ ਸਾਰੇ ਪਦਾਰਥ ਉਸ ਮਨੁੱਖ ਨੇ ਪਰਾਪਤ ਕੀਤੇ ਜਿਸ ਨੂੰ ਪ੍ਰਭੂ ਨੇ ਆਪ (ਗੁਰੂ ਦੀ ਰਾਹੀਂ) ਦਿਵਾਏ ਹਨ।
23260	520	ਤੂੰ ਸਭਨਾ ਕਾ ਖਸਮੁ ਸਭ ਤੇਰੀ ਛਾਇਐ॥੮॥		Thoon Sabhanaa Kaa Khasam Sabh Thaeree Shhaaeiai ||8||	You are the Lord and Master of all; all are under Your Protection. ||8||	(ਹੇ ਪ੍ਰਭੂ!) ਤੂੰ ਸਭ ਜੀਵਾਂ ਦਾ ਖਸਮ ਹੈਂ, ਸਾਰੀ ਸ੍ਰਿਸ਼ਟੀ ਤੇਰੇ ਸਾਏ ਹੇਠ ਹੈ ॥੮॥
23261	520	ਸਲੋਕ ਮਃ ੫॥		Salok Ma 5 ||	Shalok, Fifth Mehl:	

23262	520	ਨਦੀ ਤਰੰਦੜੀ ਮੈਡਾ ਖੋਜੁ ਨ ਖੁੰਭੈ ਮੰਝਿ ਮੁਹਬਤਿ ਤੇਰੀ॥	ਮੈਂਡਾ। (ਖੁੰਭੈ) ਖੁਭਦਾ। (ਮੰਝਿ) ਅਮਦਰ। ਮੁ-ਹੱਬਤਿ	Nadhee Tharandharree Maiddaa Khoj N Khunbhai Manjh Muhabath Thaeree ||	Crossing the stream, my foot does not get stuck - I am filled with love for You.	(ਸੰਸਾਰ-) ਨਦੀ ਵਿਚ ਤਰਦੀ ਦਾ ਮੇਰਾ ਪੈਰ (ਮੋਹ ਦੇ ਚਿੱਕੜ ਵਿਚ) ਨਹੀਂ ਖੁੱਭਦਾ, ਕਿਉਂਕਿ ਮੇਰੇ ਹਿਰਦੇ ਵਿਚ ਤੇਰੀ ਪ੍ਰੀਤ ਹੈ।
23263	520	ਤਉ ਸਹ ਚਰਣੀ ਮੈਡਾ ਹੀਅੜਾ ਸੀਤਮੁ ਹਰਿ ਨਾਨਕ ਤੁਲਹਾ ਬੇੜੀ॥੧॥	(ਹੀਅੜਾ)ਹਿਰਦਾ। (ਸੀਤਮੁ) ਸਿਉਂਤਾ	Tho Seh Charanee Maiddaa Heearraa Seetham Har Naanak Thulehaa Baerree ||1||	O Lord, my heart is attached to Your Feet; the Lord is Nanak's raft and boat. ||1||	ਹੇ ਪਤੀ (ਪ੍ਰਭੂ)! ਮੈਂ ਆਪਣਾ ਇਹ ਨਿਮਾਣਾ ਜਿਹਾ ਦਿਲ ਤੇਰੇ ਚਰਨਾਂ ਵਿਚ ਪ੍ਰੋ ਲਿਆ ਹੈ, ਹੇ ਹਰੀ! (ਸੰਸਾਰ-ਸਮੁੰਦਰ ਵਿਚੋਂ ਤਰਨ ਲਈ, ਤੂੰ ਹੀ) ਨਾਨਕ ਦਾ ਤੁਲ੍ਹਾ ਹੈਂ ਤੇ ਬੇੜੀ ਹੈਂ ॥੧॥
23264	520	ਮਃ ੫॥		Ma 5 ||	Fifth Mehl:	
23265	520	ਜਿਨ੍ਹਾ ਦਿਸੰਦੜਿਆ ਦੁਰਮਤਿ ਵੰਞੈ ਮਿਤ੍ਰ ਅਸਾਡੜੇ ਸੇਈ॥	ਦਿਸੰਦੜਿਆਂ	Jinhaa Dhisandharriaa Dhuramath Vannjai Mithr Asaaddarrae Saeee ||	The sight of them banishes my evil-mindedness; they are my only true friends.	ਸਾਡੇ (ਅਸਲ) ਮਿੱਤਰ ਉਹੀ ਮਨੁੱਖ ਹਨ ਜਿਨ੍ਹਾਂ ਦਾ ਦੀਦਾਰ ਹੋਇਆਂ ਭੈੜੀ ਮੱਤ ਦੂਰ ਹੋ ਜਾਂਦੀ ਹੈ,
23266	520	ਹਉ ਢੂਢੇਦੀ ਜਗੁ ਸਬਾਇਆ ਜਨ ਨਾਨਕ ਵਿਰਲੇ ਕੇਈ॥੨॥	ਜੱਗੁ	Ho Dtoodtaedhee Jag Sabaaeiaa Jan Naanak Viralae Kaeee ||2||	I have searched the whole world; O servant Nanak, how rare are such persons! ||2||	ਪਰ, ਹੇ ਦਾਸ ਨਾਨਕ! ਮੈਂ ਸਾਰਾ ਜਗਤ ਭਾਲ ਵੇਖਿਆ ਹੈ, ਕੋਈ ਵਿਰਲੇ (ਅਜੇਹੇ ਮਨੁੱਖ ਮਿਲਦੇ ਹਨ) ॥੨॥

23267	520	ਪਉੜੀ॥		Pourree ||	Pauree:	
23268	520	ਆਵੈ ਸਾਹਿਬੁ ਚਿਤਿ ਤੇਰਿਆ ਭਗਤਾ ਡਿਠਿਆ॥		Aavai Saahib Chith Thaeriaa Bhagathaa Ddithiaa ||	You come to mind, O Lord and Master, when I behold Your devotees.	(ਹੇ ਪ੍ਰਭੂ!) ਤੇਰੇ ਭਗਤਾਂ ਦੇ ਦਰਸ਼ਨ ਕੀਤਿਆਂ ਤੂੰ ਮਾਲਕ ਅਸਾਡੇ ਮਨ ਵਿਚ ਆ ਵੱਸਦਾ ਹੈਂ।
23269	520	ਮਨ ਕੀ ਕਟੀਐ ਮੈਲੁ ਸਾਧਸੰਗਿ ਵੁਠਿਆ॥	(ਵੁਠਿਆ) ਵਸਣ	Man Kee Katteeai Mail Saadhhasang Vuthiaa ||	The filth of my mind is removed, when I dwell in the Saadh Sangat, the Company of the Holy.	ਸਾਧ ਸੰਗਤ ਵਿਚ ਅੱਪੜਿਆਂ ਮਨ ਦੀ ਮੈਲ ਕੱਟੀ ਜਾਂਦੀ ਹੈ,
23270	520	ਜਨਮ ਮਰਣ ਭਉ ਕਟੀਐ ਜਨ ਕਾ ਸਬਦੁ ਜਪਿ॥		Janam Maran Bho Katteeai Jan Kaa Sabadh Jap ||	The fear of birth and death is dispelled, meditating on the Word of His humble servant.	ਤੇ ਫਿਰ ਸਿਫ਼ਤ-ਸਾਲਾਹ ਦੀ ਬਾਣੀ ਪੜ੍ਹਿਆਂ ਸੇਵਕ ਦਾ ਜਨਮ ਮਰਨ ਦਾ (ਭਾਵ, ਸਾਰੀ ਉਮਰ ਦਾ) ਡਰ ਕੱਟਿਆ ਜਾਂਦਾ ਹੈ।
23271	520	ਬੰਧਨ ਖੋਲਨਿ੍ ਸੰਤ ਦੂਤ ਸਭਿ ਜਾਹਿ ਛਪਿ॥		Bandhhan Kholanih Santh Dhooth Sabh Jaahi Shhap ||	The Saints untie the bonds, and all the demons are dispelled.	ਕਿਉਂਕਿ ਸੰਤ (ਜਿਸ ਮਨੁੱਖ ਦੇ ਮਾਇਆ ਵਾਲੇ) ਬੰਧਨ ਖੋਲ੍ਹਦੇ ਹਨ (ਉਸ ਦੇ ਵਿਕਾਰ ਰੂਪ) ਸਾਰੇ ਜਿੰਨ ਭੂਤ ਲੁਕ ਜਾਂਦੇ ਹਨ।
23272	520	ਤਿਸੁ ਸਿਉ ਲਾਇਨਿ੍ ਰੰਗੁ ਜਿਸ ਦੀ ਸਭ ਧਾਰੀਆ॥		This Sio Laaeinih Rang Jis Dhee Sabh Dhhaareeaa ||	They inspire us to love Him, the One who established the entire universe.	ਇਹ ਸਾਰੀ ਸ੍ਰਿਸ਼ਟੀ ਜਿਸ ਪ੍ਰਭੂ ਦੀ ਟਿਕਾਈ ਹੋਈ ਹੈ, ਜਿਸ ਦਾ ਅਸਥਾਨ ਸਭ ਤੋਂ ਉੱਚਾ ਹੈ,

23273	520	ਊਚੀ ਹੂੰ ਊਚਾ ਥਾਨੁ ਅਗਮ ਅਪਾਰੀਆ॥		Oochee Hoon Oochaa Thhaan Agam Apaareeaa ||	The seat of the inaccessible and infinite Lord is the highest of the high.	ਜੋ ਅਪਹੁੰਚ ਤੇ ਬੇਅੰਤ ਹੈ, ਸੰਤ ਉਸ ਪਰਮਾਤਮਾ ਨਾਲ (ਅਸਾਡਾ) ਪਿਆਰ ਜੋੜ ਦੇਂਦੇ ਹਨ।
23274	520	ਰੈਣਿ ਦਿਨਸੁ ਕਰ ਜੋੜਿ ਸਾਸਿ ਸਾਸਿ ਧਿਆਈਐ॥		Rain Dhinas Kar Jorr Saas Saas Dhhiaaeeai ||	Night and day, with your palms pressed together, with each and every breath, meditate on Him.	ਦਿਨ ਰਾਤਿ ਸੁਆਸ ਸੁਆਸ ਹੱਥ ਜੋੜ ਕੇ ਪ੍ਰਭੂ ਦਾ ਸਿਮਰਨ ਕਰਨਾ ਚਾਹੀਦਾ ਹੈ।
23275	520	ਜਾ ਆਪੇ ਹੋਇ ਦਇਆਲੁ ਤਾਂ ਭਗਤ ਸੰਗੁ ਪਾਈਐ॥੯॥		Jaa Aapae Hoe Dhaeiaal Thaan Bhagath Sang Paaeeai ||9||	When the Lord Himself becomes merciful, then we attain the Society of His devotees. ||9||	ਜਦੋਂ ਪ੍ਰਭੂ ਆਪ ਹੀ ਦਿਆਲ ਹੁੰਦਾ ਹੈ ਤਾਂ ਉਸ ਦੇ ਭਗਤਾਂ ਦੀ ਸੰਗਤ ਪ੍ਰਾਪਤ ਹੁੰਦੀ ਹੈ ॥੯॥
23276	520	ਸਲੋਕ ਮਃ ੫॥		Salok Ma 5 ||	Shalok, Fifth Mehl:	
23277	520	ਬਾਰਿ ਵਿਡਾਨੜੈ ਹੁੰਮਸ ਧੁੰਮਸ ਕੂਕਾ ਪਈਆ ਰਾਹੀ॥	(ਵਿਡਾਨੜੈ)ਬਿਗਾਨੇ। ਹੁੰਮਸਧੁੰ ਮਸਮਾਰ ਕੁੱਟ, ਸੋਰ ਸ਼ਰਾਬਾ, ਡੰਡ ਰੌਲ਼ਾ ਪੈ ਰਿਹਾ ਹੈ। (ਹੁੰਮਸ) ਗਰਮੀ ਦਾ ਘਬਰਾ। (ਧੁੰਮਸ) ਹਨ੍ਹੇਰਾ	Baar Viddaanarrai Hunmas Dhhunmas Kookaa Peeaa Raahee ||	In this wondrous forest of the world, there is chaos and confusion; shrieks emanate from the highways.	(ਜਗਤ-ਰੂਪ ਇਸ) ਬਿਗਾਨੀ ਜੂਹ ਵਿਚ (ਫਸ ਜਾਣ ਕਰਕੇ, ਤੇ ਤ੍ਰਿਸ਼ਨਾ ਦੀ) ਅੱਗ ਦੇ ਬੜੇ ਸੇਕ ਦੇ ਕਾਰਨ ਰਾਹਾਂ ਵਿਚ ਵਾਹਰਾਂ ਪੈ ਰਹੀਆਂ ਹਨ (ਭਾਵ, ਜੀਵ ਘਬਰਾਏ ਹੋਏ ਹਨ);

23278	520	ਤਉ ਸਹ ਸੇਤੀ ਲਗੜੀ ਡੋਰੀ ਨਾਨਕ ਅਨਦ ਸੇਤੀ ਬਨੁ ਗਾਹੀ॥੧॥	(ਗਾਹੀ) ਲੰਘ ਗਿਆ। ਲੱਗੜੀ	Tho Seh Saethee Lagarree Ddoree Naanak Anadh Saethee Ban Gaahee ||1||	I am in love with You, O my Husband Lord; O Nanak, I cross the jungle joyfully. ||1||	ਪਰ, ਹੇ ਪਤੀ (ਪ੍ਰਭੂ)! ਮੈਂ ਨਾਨਕ (ਦੇ ਚਿੱਤ) ਦੀ ਡੋਰ ਤੇਰੇ (ਚਰਨਾਂ) ਨਾਲ ਲੱਗੀ ਹੋਈ ਹੈ, (ਇਸ ਵਾਸਤੇ) ਮੈਂ ਆਨੰਦ ਨਾਲ (ਇਸ ਸੰਸਾਰ) ਜੰਗਲ ਵਿਚੋਂ ਦੀ ਲੰਘ ਰਿਹਾ ਹਾਂ ॥੧॥
23279	520	ਮਃ ੫॥		Ma 5 ||	Fifth Mehl:	
23280	520	ਸਚੀ ਬੈਸਕ ਤਿਨ੍ਹਾ ਸੰਗਿ ਜਿਨ ਸੰਗਿ ਜਪੀਐ ਨਾਉ॥		Sachee Baisak Thinhaa Sang Jin Sang Japeeai Naao ||	The true society is the company of those who meditate on the Name of the Lord.	ਉਹਨਾਂ ਮਨੁੱਖਾਂ ਨਾਲ ਤੋੜ ਨਿਭਣ ਵਾਲੀ ਮੁਹੱਬਤ (ਕਰਨੀ ਚਾਹੀਦੀ ਹੈ) ਜਿਨ੍ਹਾਂ ਨਾਲ (ਬੈਠਿਆਂ ਪਰਮਾਤਮਾ ਦਾ) ਨਾਮ ਸਿਮਰਿਆ ਜਾ ਸਕੇ;
23281	520	ਤਿਨ੍ ਸੰਗਿ ਸੰਗੁ ਨ ਕੀਚਈ ਨਾਨਕ ਜਿਨਾ ਆਪਣਾ ਸੁਆਉ॥੨॥		Thinh Sang Sang N Keechee Naanak Jinaa Aapanaa Suaao ||2||	Do not associate with those, O Nanak, who look out only for their own interests. ||2||	ਹੇ ਨਾਨਕ! ਜਿਨ੍ਹਾਂ ਨੂੰ (ਹਰ ਵੇਲੇ) ਆਪਣੀ ਹੀ ਗ਼ਰਜ਼ ਹੋਵੇ, ਉਹਨਾਂ ਨਾਲ ਸਾਥ ਨਹੀਂ ਕਰਨਾ ਚਾਹੀਦਾ ॥੨॥
23282	520	ਪਉੜੀ॥		Pourree ||	Pauree:	
23283	520	ਸਾ ਵੇਲਾ ਪਰਵਾਣੁ ਜਿਤੁ ਸਤਿਗੁਰੁ ਭੇਟਿਆ॥		Saa Vaelaa Paravaan Jith Sathigur Bhaettiaa ||	Approved is that time, when one meets the True Guru.	ਉਹ ਘੜੀ ਥਾਂ ਪਈ ਜਾਣੋ ਜਿਸ ਘੜੀ ਮਨੁੱਖ ਨੂੰ ਸਤਿਗੁਰੂ ਮਿਲ ਪਿਆ।

23284	520	ਹੋਆ ਸਾਧੂਸੰਗੁ ਫਿਰਿ ਦੂਖ ਨ ਤੇਟਿਆ॥	(ਤੇਟਿਆ) ਮੇਲ	Hoaa Saadhhoo Sang Fir Dhookh N Thaettiaa ||	Joining the Saadh Sangat, the Company of the Holy, he does not suffer pain again.	ਜਿਸ ਮਨੁੱਖ ਨੂੰ ਗੁਰੂ ਦਾ ਮੇਲ ਹੋ ਗਿਆ, ਉਹ ਮੁੜ ਦੁੱਖਾਂ ਦੀ ਜ਼ਦ ਵਿਚ ਨਹੀਂ ਆਉਂਦਾ।
23285	520	ਪਾਇਆ ਨਿਹਚਲੁ ਥਾਨੁ ਫਿਰਿ ਗਰਭਿ ਨ ਲੇਟਿਆ॥		Paaeiaa Nihachal Thhaan Fir Garabh N Laettiaa ||	When he attains the eternal place, he does not have to enter the womb again.	(ਗੁਰੂ ਮਿਲਿਆਂ) ਜਿਸ ਨੂੰ ਪੱਕਾ ਟਿਕਾਣਾ ਲੱਭ ਪਿਆ, ਉਹ ਫਿਰ (ਹੋਰ ਹੋਰ) ਜੂਨਾਂ ਵਿਚ ਨਹੀਂ ਪੈਂਦਾ।
23286	520	ਨਦਰੀ ਆਇਆ ਇਕੁ ਸਗਲ ਬ੍ਰਹਮੇਟਿਆ॥	(ਬ੍ਰਹਮੇਟਿਆ) ਬ੍ਰਹਮੰਡ ਵਿੱਚ ਆਇਆ	Nadharee Aaeiaa Eik Sagal Brehamaettiaa ||	He comes to see the One God everywhere.	ਉਸ ਨੂੰ ਹਰ ਥਾਂ ਇਕ ਬ੍ਰਹਮ ਹੀ ਦਿੱਸਦਾ ਹੈ; (ਬਾਹਰ ਵਲੋਂ ਆਪਣੀ) ਨਜ਼ਰ ਨੂੰ ਸਮੇਟ ਕੇ।
23287	520	ਤਤੁ ਗਿਆਨੁ ਲਾਇ ਧਿਆਨੁ ਦ੍ਰਿਸਟਿ ਸਮੇਟਿਆ॥		Thath Giaan Laae Dhhiaan Dhrisatt Samaettiaa ||	He focuses his meditation on the essence of spiritual wisdom, and withdraws his attention from other sights.	(ਪ੍ਰਭੂ ਵਿਚ) ਧਿਆਨ ਲਾ ਕੇ ਉਹ ਅਸਲ ਉੱਚੀ ਸਮਝ ਹਾਸਲ ਕਰ ਲੈਂਦਾ ਹੈ।
23288	520	ਸਭੋ ਜਪੀਐ ਜਾਪੁ ਜਿ ਮੁਖਹੁ ਬੋਲੇਟਿਆ॥		Sabho Japeeai Jaap J Mukhahu Bolaettiaa ||	All chants are chanted by one who chants them with his mouth.	ਉਹ ਜੋ ਕੁਝ ਮੂੰਹੋਂ ਬੋਲਦਾ ਹੈ (ਪ੍ਰਭੂ ਦੀ ਸਿਫ਼ਤ-ਸਾਲਾਹ ਦਾ) ਜਾਪ ਹੀ ਬੋਲਦਾ ਹੈ।

23289	520	ਹੁਕਮੇ ਬੁਝਿ ਨਿਹਾਲੁ ਸੁਖਿ ਸੁਖੇਟਿਆ॥	ਬੁੱਝਿ	Hukamae Bujh Nihaal Sukh Sukhaettiaa ||	Realizing the Hukam of the Lord's Command, he becomes happy, and he is filled with peace and tranquility.	ਪ੍ਰਭੂ ਦੀ ਰਜ਼ਾ ਨੂੰ ਸਮਝ ਕੇ ਉਹ ਖਿੜੇ-ਮੱਥੇ ਰਹਿੰਦਾ ਹੈ ਤੇ ਸੁਖੀ ਹੀ ਸੁਖੀ ਰਹਿੰਦਾ ਹੈ।
23290	520	ਪਰਖਿ ਖਜਾਨੈ ਪਾਏ ਸੇ ਬਹੁੜਿ ਨ ਖੋਟਿਆ॥੧੦॥		Parakh Khajaanai Paaeae Sae Bahurr N Khottiaa ||10||	Those who are assayed, and placed in the Lord's treasury, are not declared counterfeit again. ||10||	(ਗੁਰੂ ਦੀ ਸਰਨ ਪਏ ਜਿਨ੍ਹਾਂ ਮਨੁੱਖਾਂ ਨੂੰ) ਪਰਖ ਕੇ (ਪ੍ਰਭੂ ਨੇ ਆਪਣੇ) ਖ਼ਜ਼ਾਨੇ ਵਿਚ ਪਾਇਆ ਹੈ ਉਹ ਮੁੜ ਖੋਟੇ ਨਹੀਂ ਹੁੰਦੇ ॥੧੦॥
23291	520	ਸਲੋਕੁ॥		Salok Ma 5 ||	Shalok, Fifth Mehl:	
23292	520	ਵਿਛੋਹੇ ਜੰਬੂਰ ਖਵੇ ਨ ਵੰਞਨਿ ਗਾਖੜੇ॥	(ਖਵੇ) ਸਹਾਰੇ ਨਹੀਂ। (ਵੰਞਨਿ) ਜਾਂਦੇ। (ਗੱਖੜੇ)ਕਠਨ	Vishhohae Janboor Khavae N Vannjan Gaakharrae ||	The pincers of separation are so painful to endure.	(ਪ੍ਰਭੂ ਦੇ ਚਰਨਾਂ ਨਾਲੋਂ) ਵਿਛੋੜੇ (ਦੇ ਦੁੱਖ) ਜੰਬੂਰ (ਦੇ ਤਸੀਹਾਂ) ਵਾਂਗ ਔਖੇ ਹਨ, ਸਹਾਰੇ ਨਹੀਂ ਜਾ ਸਕਦੇ,
23293	520	ਜੇ ਸੋ ਧਣੀ ਮਿਲੰਨਿ ਨਾਨਕ ਸੁਖ ਸੰਬੂਹ ਸਚੁ॥੧॥	ਮਿ-ਲੰਨਿ	Jae So Dhhanee Milann Naanak Sukh Sanbooh Sach ||1||	If only the Master would come to meet me! O Nanak, I would then obtain all the true comforts. ||1||	ਹੇ ਨਾਨਕ! ਜੇ ਉਹ ਪ੍ਰਭੂ ਮਾਲਕ ਜੀ ਮਿਲ ਪੈਣ ਤਾਂ ਯਕੀਨਨ ਸਾਰੇ ਸੁਖ ਹੀ ਸੁਖ ਹੋ ਜਾਂਦੇ ਹਨ ॥੧॥
23294	521	ਮਃ ੫॥		Ma 5 ||	Fifth Mehl:	

23295	521	ਜਿਮੀ ਵਸੰਦੀ ਪਾਣੀਐ ਈਧਣੁ ਰਖੈ ਭਾਹਿ॥	(ਈਧਣੁ) ਲਕੜਾਂ। (ਭਾਹਿ) ਅੱਗ	Jimee Vasandhee Paaneeai Eedhhan Rakhai Bhaahi ||	The earth is in the water, and the fire is contained in the wood.	(ਜਿਵੇਂ) ਧਰਤੀ ਪਾਣੀ ਵਿਚ (ਅਡੋਲ) ਵੱਸਦੀ ਹੈ ਤੇ ਪਾਣੀ ਨੂੰ ਆਸਰਾ ਭੀ ਦੇਂਦੀ ਹੈ, (ਜਿਵੇਂ) ਲੱਕੜੀ (ਆਪਣੇ ਅੰਦਰ) ਅੱਗ (ਲੁਕਾ ਕੇ) ਰੱਖਦੀ ਹੈ,
23296	521	ਨਾਨਕ ਸੋ ਸਹੁ ਆਹਿ ਜਾ ਕੈ ਆਢਲਿ ਹਭੁ ਕੋ॥੨॥	(ਆਢਲਿ) ਸਹਾਰੇ	Naanak So Sahu Aahi Jaa Kai Aadtal Habh Ko ||2||	O Nanak, yearn for that Lord, who is the Support of all. ||2||	ਹੇ ਨਾਨਕ! (ਤਿਵੇਂ) ਉਹ ਖਸਮ (ਪ੍ਰਭੂ) ਜਿਸ ਦੇ ਆਸਰੇ ਹਰੇਕ ਜੀਵ ਹੈ, (ਇਸ ਸਾਰੇ ਜਗਤ ਵਿਚ ਅਡੋਲ ਲੁਕਿਆ ਪਿਆ) ਹੈ ॥੨॥
23297	521	ਪਉੜੀ॥		Pourree ||	Pauree:	
23298	521	ਤੇਰੇ ਕੀਤੇ ਕੰਮ ਤੁਧੈ ਹੀ ਗੋਚਰੇ॥	(ਗੋਚਰੇ) ਅਧੀਨ	Thaerae Keethae Kanm Thudhhai Hee Gocharae ||	The works which You have done, O Lord, could only have been performed by You.	(ਹੇ ਪ੍ਰਭੂ!) ਜੋ ਜੋ ਕੰਮ ਤੂੰ ਕੀਤੇ ਹਨ ਇਹ ਤੂੰ ਹੀ ਕਰ ਸਕਦਾ ਹੈਂ।
23299	521	ਸੋਈ ਵਰਤੈ ਜਗਿ ਜਿ ਕੀਆ ਤੁਧੁ ਧੁਰੇ॥	(ਧੁਰੇ) ਮੁੱਢ ਤੋਂ	Soee Varathai Jag J Keeaa Thudhh Dhhurae ||	That alone happens in the world, which You, O Master, have done.	ਜਗਤ ਵਿਚ ਉਹੀ ਕੁਝ ਹੋ ਰਿਹਾ ਹੈ ਜੋ ਕਰਨ ਵਾਸਤੇ ਤੂੰ ਧੁਰ ਤੋਂ ਹੁਕਮ ਕਰ ਦਿੱਤਾ ਹੈ।
23300	521	ਬਿਸਮੁ ਭਏ ਬਿਸਮਾਦ ਦੇਖਿ ਕੁਦਰਤਿ ਤੇਰੀਆ॥		Bisam Bheae Bisamaadh Dhaekh Kudharath Thaereeaa ||	I am wonderstruck beholding the wonder of Your Almighty Creative Power.	ਤੇਰੀ ਅਸਰਜ ਕੁਦਰਤਿ ਵੇਖ ਵੇਖ ਕੇ ਅਸੀਂ ਹੈਰਾਨ ਹੋ ਰਹੇ ਹਾਂ।

23301	521	ਸਰਣਿ ਪਰੇ ਤੇਰੀ ਦਾਸ ਕਰਿ ਗਤਿ ਹੋਇ ਮੇਰੀਆ॥		Saran Parae Thaeree Dhaas Kar Gath Hoe Maereeaa ||	I seek Your Sanctuary - I am Your slave; if it is Your Will, I shall be emancipated.	(ਤੇਰੇ) ਦਾਸ ਤੇਰਾ ਆਸਰਾ ਲੈਂਦੇ ਹਨ (ਹੇ ਪ੍ਰਭੂ! ਮੇਹਰ ਕਰ!), ਮੇਰੀ ਭੀ ਆਤਮਕ ਅਵਸਥਾ ਉੱਚੀ ਕਰ!
23302	521	ਤੇਰੈ ਹਥਿ ਨਿਧਾਨੁ ਭਾਵੈ ਤਿਸੁ ਦੇਹਿ॥		Thaerai Hathh Nidhhaan Bhaavai This Dhaehi ||	The treasure is in Your Hands; according to Your Will, You bestow it.	(ਤੇਰੇ ਨਾਮ ਦਾ) ਖ਼ਜ਼ਾਨਾ ਤੇਰੇ (ਆਪਣੇ) ਹੱਥ ਵਿਚ ਹੈ, ਜੋ ਤੈਨੂੰ ਚੰਗਾ ਲਗੇ ਉਸ ਨੂੰ ਤੂੰ (ਇਹ ਖ਼ਜ਼ਾਨਾ) ਦੇਂਦਾ ਹੈਂ।
23303	521	ਜਿਸ ਨੋ ਹੋਇ ਦਇਆਲੁ ਹਰਿ ਨਾਮੁ ਸੇਇ ਲੇਹਿ॥		Jis No Hoe Dhaeiaal Har Naam Saee Laehi ||	One, upon whom You have bestowed Your Mercy, is blessed with the Lord's Name.	ਜਿਸ ਜਿਸ ਨੂੰ ਦਿਆਲ ਹੋ ਕੇ ਹਰਿ-ਨਾਮ (ਦੇਂਦਾ ਹੈਂ) ਉਹੀ ਜੀਵ ਤੇਰਾ ਨਾਮ-ਖ਼ਜ਼ਾਨਾ ਪ੍ਰਾਪਤ ਕਰਦੇ ਹਨ।
23304	521	ਅਗਮ ਅਗੋਚਰ ਬੇਅੰਤ ਅੰਤੁ ਨ ਪਾਈਐ॥		Agam Agochar Baeanth Anth N Paaeeai ||	You are unapproachable, unfathomable and infinite; Your limits cannot be found.	ਹੇ ਅਪਹੁੰਚ! ਹੇ ਅਗੋਚਰ! ਹੇ ਬੇਅੰਤ ਪ੍ਰਭੂ! ਤੇਰਾ ਅੰਤ ਨਹੀਂ ਪਾਇਆ ਜਾ ਸਕਦਾ।
23305	521	ਜਿਸ ਨੋ ਹੋਹਿ ਕ੍ਰਿਪਾਲੁ ਸੁ ਨਾਮੁ ਧਿਆਈਐ॥੧੧॥		Jis No Hohi Kirapaal S Naam Dhhiaaeeai ||11||	One, unto whom You have been compassionate, meditates on the Naam, the Name of the Lord. ||11||	ਤੂੰ ਜਿਸ ਮਨੁੱਖ ਉਤੇ ਤ੍ਰੁੱਠਦਾ ਹੈਂ ਉਹ ਤੇਰਾ ਨਾਮ ਸਿਮਰੱਦਾ ਹੈ ॥੧੧॥
23306	521	ਸਲੋਕ ਮਃ ੫॥		Salok Ma 5 ||	Shalok, Fifth Mehl:	

23307	521	ਕੜਛੀਆ ਫਿਰੰਨ੍ਹਿ ਸੁਆਉ ਨ ਜਾਣਨ੍ਹਿ ਸੁਵੀਆ॥	(ਸੁਆਉ) ਸੁਆਦ। (ਸੁਵੀਆ) ਖ਼ਾਲੀ। ਫਿ-ਰੰਨ੍ਹਿ	Karrashheeaa Firannih Suaao N Jaananih Sunjeeaa ||	The ladles cruise through the food, but they do not know the taste of it.	ਕੜਛੀਆਂ (ਦਾਲ ਭਾਜੀ ਦੇ ਭਾਂਡੇ ਵਿਚ) ਫਿਰਦੀਆਂ ਹਨ (ਪਰ ਉਹ ਉਸ ਦਾਲ ਭਾਜੀ) ਦਾ ਸੁਆਦ ਨਹੀਂ ਜਾਣਦੀਆਂ (ਕਿਉਂਕਿ ਉਹ) ਖ਼ਾਲੀ (ਹੀ ਰਹਿੰਦੀਆਂ) ਹਨ,
23308	521	ਸੇਈ ਮੁਖ ਦਿਸੰਨ੍ਹਿ ਨਾਨਕ ਰਤੇ ਪ੍ਰੇਮ ਰਸਿ॥੧॥	ਦਿਸੰਨ੍ਹਿ	Saeee Mukh Dhisannih Naanak Rathae Praem Ras ||1||	I long to see the faces of those, O Nanak, who are imbued with the essence of the Lord's Love. ||1||	ਹੇ ਨਾਨਕ! (ਇਸੇ ਤਰ੍ਹਾਂ) ਉਹ ਮੂੰਹ (ਸੋਹਣੇ) ਦਿੱਸਦੇ ਹਨ ਜੋ ਪ੍ਰੇਮ ਦੇ ਸੁਆਦ ਵਿਚ ਰੰਗੇ ਗਏ ਹਨ (ਨਿਰੀਆਂ ਗੱਲਾਂ ਕਰਨ ਵਾਲੇ ਮੂੰਹ ਕੜਛੀਆਂ ਵਾਂਗ ਹੀ ਹਨ) ॥੧॥
23309	521	ਮਃ ੫॥		Ma 5 ||	Fifth Mehl:	
23310	521	ਖੋਜੀ ਲਧਮੁ ਖੋਜੁ ਛਡੀਆ ਉਜਾੜਿ॥	(ਲਧਮੁ) ਲੱਭ	Khojee Ladhham Khoj Shhaddeeaa Oujaarr ||	Through the Tracker, I discovered the tracks of those who ruined my crops.	(ਜਿਨ੍ਹਾਂ ਕਾਮਾਦਿਕਾਂ ਨੇ ਮੇਰੀ ਖੇਤੀ) ਉਜਾੜ ਦਿੱਤੀ ਸੀ ਉਹਨਾਂ ਦਾ ਖੋਜ ਮੈਂ ਖੋਜ ਲੱਭਣ ਵਾਲੇ (ਗੁਰੂ) ਦੀ ਰਾਹੀਂ ਲੱਭ ਲਿਆ ਹੈ,
23311	521	ਤੈ ਸਹਿ ਦਿਤੀ ਵਾੜਿ ਨਾਨਕ ਖੇਤੁ ਨ ਛਿਜਈ॥੨॥	(ਛਿਜਈ) ਉਜੜਦਾ। ਛਿੱਜਈ	Thai Sehi Dhithee Vaarr Naanak Khaeth N Shhijee ||2||	You, O Lord, have put up the fence; O Nanak, my fields shall not be plundered again. ||2||	ਤੈਂ ਖਸਮ ਨੇ ਮੇਰੀ ਪੈਲੀ ਨੂੰ (ਗੁਰੂ ਦੀ ਸਹੈਤਾ ਦੀ) ਵਾੜ ਦੇ ਦਿੱਤੀ ਹੈ, ਹੁਣ ਨਾਨਕ ਦੀ ਪੈਲੀ ਨਹੀਂ ਉਜੜਦੀ ॥੨॥
23312	521	ਪਉੜੀ॥		Pourree ||	Pauree:	
23313	521	ਆਰਾਧਿਹੁ ਸਚਾ ਸੋਇ ਸਭੁ ਕਿਛੁ ਜਿਸੁ ਪਾਸਿ॥		Aaraadhhihu Sachaa Soe Sabh Kishh Jis Paas ||	Worship in adoration that True Lord; everything is under His Power.	ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਸਿਮਰੋ, ਜਿਸ ਦੇ ਵੱਸ ਵਿਚ ਹਰੇਕ ਪਦਾਰਥ ਹੈ।

23314	521	ਦੁਹਾ ਸਿਰਿਆ ਖਸਮੁ ਆਪਿ ਖਿਨ ਮਹਿ ਕਰੇ ਰਾਸਿ॥		Dhuhaa Siriaa Khasam Aap Khin Mehi Karae Raas ||	He Himself is the Master of both ends; in an instant, He adjusts our affairs.	ਪ੍ਰਭੂ ਦੋਹਾਂ ਪਾਸਿਆਂ ਦਾ ਖਸਮ ਹੈ (ਭਾਵ, ਜੋ ਮਾਇਆ ਦੇ ਮੋਹ ਵਿਚ ਫਸਾਣ ਵਾਲਾ ਭੀ ਹੈ ਤੇ ਨਾਮ-ਰਸ ਦੀ ਦਾਤ ਭੀ ਦੇਣ ਵਾਲਾ ਹੈ), ਤੇ ਇਕ ਪਲਕ ਵਿਚ (ਸਾਰੇ ਕੰਮ) ਸਿਰੇ ਚਾੜ੍ਹ ਦੇਂਦਾ ਹੈ।
23315	521	ਤਿਆਗਹੁ ਸਗਲ ਉਪਾਵ ਤਿਸ ਕੀ ਓਟ ਗਹੁ॥	(ਉਪਾਵ) ਜਤਨ	Thiaagahu Sagal Oupaav This Kee Outt Gahu ||	Renounce all your efforts, and hold fast to His Support.	ਹੋਰ ਸਾਰੇ ਹੀਲੇ ਛੱਡੋ ਤੇ ਉਸ ਪਰਮਾਤਮਾ ਦਾ ਆਸਰਾ ਲਵੋ!
23316	521	ਪਉ ਸਰਣਾਈ ਭਜਿ ਸੁਖੀ ਹੂੰ ਸੁਖ ਲਹੁ॥	ਭੱਜਿ	Po Saranaaee Bhaj Sukhee Hoon Sukh Lahu ||	Run to His Sanctuary, and you shall obtain the comfort of all comforts.	ਦੌੜ ਕੇ ਉਸ ਪ੍ਰਭੂ ਦੀ ਸਰਨ ਪਉ ਤੇ ਸਭ ਤੋਂ ਚੰਗਾ ਸੁਖ ਹਾਸਲ ਕਰੋ!
23317	521	ਕਰਮ ਧਰਮ ਤਤੁ ਗਿਆਨੁ ਸੰਤਾ ਸੰਗੁ ਹੋਇ॥		Karam Dhharam Thath Giaan Santhaa Sang Hoe ||	The karma of good deeds, the righteousness of Dharma and the essence of spiritual wisdom are obtained in the Society of the Saints.	ਜੇ ਸੰਤਾਂ ਦੀ ਸੰਗਤ ਮਿਲੇ ਤਾਂ ਉਹ ਉੱਚੀ ਸਮਝ (ਪ੍ਰਾਪਤ) ਹੁੰਦੀ ਹੈ, ਜੋ (ਮਾਨੋ,) ਸਭ ਕਰਮਾਂ ਧਰਮਾਂ ਦਾ ਨਿਚੋੜ ਹੈ।
23318	521	ਜਪੀਐ ਅੰਮ੍ਰਿਤ ਨਾਮੁ ਬਿਘਨੁ ਨ ਲਗੈ ਕੋਇ॥		Japeeai Anmrith Naam Bighan N Lagai Koe ||	Chanting the Ambrosial Nectar of the Naam, no obstacle shall block your way.	ਜੇ ਪ੍ਰਭੂ ਦਾ ਅੰਮ੍ਰਿਤ-ਨਾਮ ਸਿਮਰੀਏ ਤਾਂ (ਜੀਵਨ ਦੇ ਰਾਹ ਵਿਚ) ਕੋਈ ਰੁਕਾਵਟ ਨਹੀਂ ਪੈਂਦੀ।

23319	521	ਜਿਸ ਨੋ ਆਪਿ ਦਇਆਲੁ ਤਿਸੁ ਮਨਿ ਵੁਠਿਆ॥		Jis No Aap Dhaeiaal This Man Vuthiaa ||	The Lord abides in the mind of one who is blessed by His Kindness.	ਜਿਸ ਮਨੁੱਖ ਤੇ ਪ੍ਰਭੂ ਆਪ ਮੇਹਰਬਾਨ ਹੋਵੇ ਉਸ ਦੇ ਮਨ ਵਿਚ ਆ ਵੱਸਦਾ ਹੈ।
23320	521	ਪਾਈਅਨ੍ਹਿ ਸਭਿ ਨਿਧਾਨ ਸਾਹਿਬਿ ਤੁਠਿਆ॥੧੨॥		Paaeeanih Sabh Nidhhaan Saahib Thuthiaa ||12||	All treasures are obtained, when the Lord and Master is pleased. ||12||	ਪ੍ਰਭੂ-ਮਾਲਕ ਦੇ ਪ੍ਰਸੰਨ ਹੋਇਆਂ (ਮਾਨੋ) ਸਾਰੇ ਖ਼ਜ਼ਾਨੇ ਪਾ ਲਈਦੇ ਹਨ ॥੧੨॥
23321	521	ਸਲੋਕ ਮਃ ੫॥		Salok Ma 5 ||	Shalok, Fifth Mehl:	
23322	521	ਲਧਮੁ ਲਭਣਹਾਰੁ ਕਰਮੁ ਕਰੰਦੋ ਮਾ ਪਿਰੀ॥	ਲੱਧਮੁ।(ਮਾ) ਮੇਰੇ।ਮਾ ਬਿੰਦੀ ਨ ਲਾਉ।(ਪਿਰੀ) ਪਿਆਰਾ	Ladhham Labhanehaar Karam Karandho Maa Piree ||	I have found the object of my search - my Beloved took pity on me.	ਜਦੋਂ ਮੇਰੇ ਪਿਆਰੇ ਖਸਮ ਨੇ (ਮੇਰੇ ਉੱਤੇ) ਬਖ਼ਸ਼ਸ਼ ਕੀਤੀ ਤਾਂ ਮੈਂ ਲੱਭਣ-ਜੋਗ ਪ੍ਰਭੂ ਨੂੰ ਲੱਭ ਲਿਆ।
23323	521	ਇਕੋ ਸਿਰਜਣਹਾਰੁ ਨਾਨਕ ਬਿਆ ਨ ਪਸੀਐ॥੧॥	(ਬਿਆ)ਦੂਜਾ। (ਪਸੀਐ) ਦੇਖੀਦਾ	Eiko Sirajanehaar Naanak Biaa N Paseeai ||1||	There is One Creator; O Nanak, I do not see any other. ||1||	(ਹੁਣ) ਹੇ ਨਾਨਕ! ਇਕ ਕਰਤਾਰ ਹੀ (ਹਰ ਥਾਂ) ਦਿੱਸ ਰਿਹਾ ਹੈ, ਕੋਈ ਹੋਰ ਨਹੀਂ ਦਿੱਸਦਾ ॥੧॥
23324	521	ਮਃ ੫॥		Ma 5 ||	Fifth Mehl:	
23325	521	ਪਾਪੜਿਆ ਪਛਾੜਿ ਬਾਣੁ ਸਚਾਵਾ ਸੰਨ੍ਹਿ ਕੈ॥	(ਪਾਪੜਿਆ) ਪਾਪਾਂ।(ਬਾਣੁ) ਤੀਰ। (ਸੰਨ੍ਹਿ) ਜੋੜ	Paaparriaa Pashhaarr Baan Sachaavaa Sannih Kai ||	Take aim with the arrow of Truth, and shoot down sin.	ਸੱਚ (ਭਾਵ, ਸਿਮਰਨ) ਦਾ ਤੀਰ ਤਾਣ ਕੇ ਚੰਦਰੇ ਪਾਪਾਂ ਨੂੰ ਨਸਾ ਦੇ,

23326	521	ਗੁਰ ਮੰਤ੍ਰੜਾ ਚਿਤਾਰਿ ਨਾਨਕ ਦੁਖੁ ਨ ਥੀਵਈ॥੨॥		Gur Manthrarraa Chithaar Naanak Dhukh N Thheevee ||2||	Cherish the Words of the Guru's Mantra, O Nanak, and you shall not suffer in pain. ||2||	ਹੇ ਨਾਨਕ! ਸਤਿਗੁਰੂ ਦਾ ਸੋਹਣਾ ਮੰਤ੍ਰ ਚੇਤੇ ਕਰ, (ਇਸ ਤਰ੍ਹਾਂ) ਦੁੱਖ ਨਹੀਂ ਵਿਆਪਦਾ ॥੨॥
23327	521	ਪਉੜੀ॥		Pourree ||	Pauree:	
23328	521	ਵਾਹੁ ਵਾਹੁ ਸਿਰਜਣਹਾਰ ਪਾਈਅਨੁ ਠਾਢਿ ਆਪਿ॥		Vaahu Vaahu Sirajanehaar Paaeean Thaadt Aap ||	Waaho! Waaho! The Creator Lord Himself has brought about peace and tranquility.	ਉਸ ਕਰਤਾਰ ਨੂੰ 'ਧੰਨ ਧੰਨ' ਆਖ ਜਿਸ ਨੇ (ਤੇਰੇ ਅੰਦਰ) ਆਪ ਠੰਢ ਪਾਈ ਹੈ।
23329	521	ਜੀਅ ਜੰਤ ਮਿਹਰਵਾਨੁ ਤਿਸ ਨੋ ਸਦਾ ਜਾਪਿ॥		Jeea Janth Miharavaan This No Sadhaa Jaap ||	He is Kind to all beings and creatures; meditate forever on Him.	ਉਸ ਪ੍ਰਭੂ ਨੂੰ ਯਾਦ ਕਰ ਜੋ ਸਭ ਜੀਵਾਂ ਉੱਤੇ ਮਿਹਰਬਾਨ ਹੈ।
23330	521	ਦਇਆ ਧਾਰੀ ਸਮਰਥਿ ਚੁਕੇ ਬਿਲ ਬਿਲਾਪ॥	ਸਮਰੱਥਿ	Dhaeiaa Dhhaaree Samarathh Chukae Bil Bilaap ||	The all-powerful Lord has shown Mercy, and my cries of suffering are ended.	ਸਮਰੱਥ ਪ੍ਰਭੂ ਨੇ (ਜਿਸ ਮਨੁੱਖ ਉੱਤੇ) ਮੇਹਰ ਕੀਤੀ ਹੈ ਉਸ ਦੇ ਸਾਰੇ ਰੋਣੇ ਮੁੱਕ ਗਏ।
23331	521	ਨਠੇ ਤਾਪ ਦੁਖ ਰੋਗ ਪੂਰੇ ਗੁਰ ਪ੍ਰਤਾਪਿ॥		Nathae Thaap Dhukh Rog Poorae Gur Prathaap ||	My fevers, pains and diseases are gone, by the Grace of the Perfect Guru.	ਪੂਰੇ ਗੁਰੂ ਦੇ ਪ੍ਰਤਾਪ ਨਾਲ ਉਸ ਦੇ (ਸਾਰੇ) ਕਲੇਸ਼, ਦੁੱਖ ਤੇ ਰੋਗ ਦੂਰ ਹੋ ਗਏ।

23332	521	ਕੀਤੀਅਨੁ ਆਪਣੀ ਰਖ ਗਰੀਬ ਨਿਵਾਜਿ ਥਾਪਿ॥		Keetheean Aapanee Rakh Gareeb Nivaaj Thhaap ||	The Lord has established me, and protected me; He is the Cherisher of the poor.	(ਜਿਨ੍ਹਾਂ) ਗ਼ਰੀਬਾਂ (ਭਾਵ, ਦਰ-ਢੱਠਿਆਂ) ਨੂੰ ਨਿਵਾਜ ਕੇ ਥਾਪਣਾ ਦੇ ਕੇ (ਉਹਨਾਂ ਦੀ) ਰੱਖਿਆ ਉਸ (ਪ੍ਰਭੂ) ਨੇ ਆਪ ਕੀਤੀ ਹੈ,
23333	521	ਆਪੇ ਲਇਅਨੁ ਛਡਾਇ ਬੰਧਨ ਸਗਲ ਕਾਪਿ॥	(ਕਾਪਿ) ਕੱਟ ਕੇ	Aapae Laeian Shhaddaae Bandhhan Sagal Kaap ||	He Himself has delivered me, breaking all my bonds.	ਉਹਨਾਂ ਦੇ ਸਾਰੇ ਬੰਧਨ ਕੱਟ ਕੇ ਉਹਨਾਂ ਨੂੰ (ਵਿਕਾਰਾਂ ਤੋਂ) ਉਸ ਨੇ ਆਪ ਛੁਡਾ ਲਿਆ ਹੈ,
23334	521	ਤਿਸਨ ਬੁਝੀ ਆਸ ਪੁੰਨੀ ਮਨ ਸੰਤੋਖਿ ਧ੍ਰਾਪਿ॥	ਬੁਝੀ: ਪੋਲਾ ਬੋਲੋ	Thisan Bujhee Aas Punnee Man Santhokh Dhhraap ||	My thirst is quenched, my hopes are fulfilled, and my mind is contented and satisfied.	ਤੇ ਸੰਤੋਖ ਨਾਲ ਰੱਜ ਜਾਣ ਕਰ ਕੇ ਉਹਨਾਂ ਦੇ ਮਨ ਦੀ ਆਸ ਪੂਰੀ ਹੋ ਗਈ ਹੈ ਉਹਨਾਂ ਦੀ ਤ੍ਰਿਸ਼ਨਾ ਮਿਟ ਗਈ ਹੈ।
23335	521	ਵਡੀ ਹੂੰ ਵਡਾ ਅਪਾਰ ਖਸਮੁ ਜਿਸੁ ਲੇਪੁ ਨ ਪੁੰਨਿ ਪਾਪਿ॥੧੩॥		Vaddee Hoon Vaddaa Apaar Khasam Jis Laep N Punn Paap ||13||	The greatest of the great, the Infinite Lord and Master - He is not affected by virtue and vice. ||13||	(ਪਰ) ਬੇਅੰਤ (ਪ੍ਰਭੂ) ਖਸਮ ਸਭ ਤੋਂ ਵੱਡਾ ਹੈ ਉਸ ਨੂੰ (ਜੀਵਾਂ ਦੇ ਕੀਤੇ) ਪੁੰਨ ਜਾਂ ਪਾਪ ਨਾਲ (ਜ਼ਾਤੀ ਤੌਰ ਤੇ) ਕੋਈ-ਲੱਗ-ਲਬੇੜ ਨਹੀਂ ਹੁੰਦਾ ॥੧੩॥
23336	521	ਸਲੋਕ ਮਃ ੫॥		Salok Ma 5 ||	Shalok, Fifth Mehl:	
23337	521	ਜਾ ਕਉ ਭਏ ਕ੍ਰਿਪਾਲ ਪ੍ਰਭ ਹਰਿ ਹਰਿ ਸੇਈ ਜਪਾਤ॥		Jaa Ko Bheae Kirapaal Prabh Har Har Saeee Japaath ||	They alone meditate on the Lord God, Har, Har, unto whom the Lord is Merciful.	ਜਿਨ੍ਹਾਂ ਮਨੁੱਖਾਂ ਤੇ ਪ੍ਰਭੂ ਜੀ ਕਿਰਪਾ ਕਰਦੇ ਹਨ ਉਹੀ ਹਰਿ-ਨਾਮ ਜਪਦੇ ਹਨ,

23338	521	ਨਾਨਕ ਪ੍ਰੀਤਿ ਲਗੀ ਤਿਨ ਰਾਮ ਸਿਉ ਭੇਟਤ ਸਾਧਸੰਗਾਤ॥੧॥		Naanak Preeth Lagee Thin Raam Sio Bhaettath Saadhh Sangaath ||1||	O Nanak, they enshrine love for the Lord, meeting the Saadh Sangat, the Company of the Holy. ||1||	ਤੇ, ਹੇ ਨਾਨਕ! ਸਾਧ ਸੰਗਤ ਵਿਚ ਮਿਲਣ ਕਰ ਕੇ ਪਰਮਾਤਮਾ ਨਾਲ ਉਹਨਾਂ ਦੀ ਪ੍ਰੀਤ ਬਣ ਜਾਂਦੀ ਹੈ ॥੧॥
23339	521	ਮਃ ੫॥		Ma 5 ||	Fifth Mehl:	
23340	521	ਰਾਮੁ ਰਮਹੁ ਬਡਭਾਗੀਹੋ ਜਲਿ ਥਲਿ ਮਹੀਅਲਿ ਸੋਇ॥		Raam Ramahu Baddabhaageeho Jal Thhal Meheeal Soe ||	Contemplate the Lord, O very fortunate ones; He is pervading in the water, the land and the sky.	ਹੇ ਵੱਡੇ ਭਾਗਾਂ ਵਾਲਿਓ! ਉਸ ਪਰਮਾਤਮਾ ਨੂੰ ਸਿਮਰੋ ਜੋ ਪਾਣੀ ਵਿਚ ਧਰਤੀ ਦੇ ਅੰਦਰ ਧਰਤੀ ਦੇ ਉਪਰ (ਹਰ ਥਾਂ) ਮੌਜੂਦ ਹੈ।
23341	521	ਨਾਨਕ ਨਾਮਿ ਅਰਾਧਿਐ ਬਿਘਨੁ ਨ ਲਾਗੈ ਕੋਇ॥੨॥		Naanak Naam Araadhhiai Bighan N Laagai Koe ||2||	O Nanak, worshipping the Naam, the Name of the Lord, the mortal encounters no misfortune. ||2||	ਹੇ ਨਾਨਕ! ਜੇ ਪ੍ਰਭੂ ਦਾ ਨਾਮ ਸਿਮਰੀਏ ਤਾਂ (ਜੀਵਨ-ਰਾਹ ਵਿਚ) ਕੋਈ ਰੁਕਾਵਟ ਨਹੀਂ ਪੈਂਦੀ ॥੨॥
23342	521	ਪਉੜੀ॥		Pourree ||	Pauree:	
23343	521	ਭਗਤਾ ਕਾ ਬੋਲਿਆ ਪਰਵਾਣੁ ਹੈ ਦਰਗਹ ਪਵੈ ਥਾਇ॥		Bhagathaa Kaa Boliaa Paravaan Hai Dharageh Pavai Thhaae ||	The speech of the devotees is approved; it is accepted in the Court of the Lord.	ਬੰਦਗੀ ਕਰਨ ਵਾਲੇ ਮਨੁੱਖਾਂ ਦਾ ਬੋਲਿਆ ਬਚਨ ਮੰਨਣ-ਯੋਗ ਹੁੰਦਾ ਹੈ, ਪ੍ਰਭੂ ਦੀ ਦਰਗਾਹ ਵਿਚ (ਭੀ) ਕਬੂਲ ਹੁੰਦਾ ਹੈ।

23344	521	ਭਗਤਾ ਤੇਰੀ ਟੇਕ ਰਤੇ ਸਚਿ ਨਾਇ॥		Bhagathaa Thaeree Ttaek Rathae Sach Naae ||	Your devotees take to Your Support; they are imbued with the True Name.	ਹੇ ਪ੍ਰਭੂ! ਭਗਤਾਂ ਨੂੰ ਤੇਰਾ ਆਸਰਾ ਹੁੰਦਾ ਹੈ, ਉਹ ਸੱਚੇ ਨਾਮ ਵਿਚ ਰੰਗੇ ਰਹਿੰਦੇ ਹਨ।
23345	521	ਜਿਸ ਨੋ ਹੋਇ ਕ੍ਰਿਪਾਲੁ ਤਿਸ ਕਾ ਦੂਖੁ ਜਾਇ॥		Jis No Hoe Kirapaal This Kaa Dhookh Jaae ||	One unto whom You are Merciful, has his sufferings depart.	ਪ੍ਰਭੂ ਜਿਸ ਮਨੁੱਖ ਉਤੇ ਮਿਹਰਬਾਨ ਹੁੰਦਾ ਹੈ ਉਸ ਦਾ ਦੁੱਖ ਦੂਰ ਹੋ ਜਾਂਦਾ ਹੈ।
23346	522	ਭਗਤ ਤੇਰੇ ਦਇਆਲ ਓਨ੍ਹਾ ਮਿਹਰ ਪਾਇ॥		Bhagath Thaerae Dhaeiaal Ounhaa Mihar Paae ||	O Merciful Lord, You bless Your devotees with Your Grace.	ਹੇ ਦਇਆਲ ਪ੍ਰਭੂ! ਬੰਦਗੀ ਕਰਨ ਵਾਲੇ ਬੰਦੇ ਤੇਰੇ ਹੋ ਕੇ ਰਹਿੰਦੇ ਹਨ, ਤੂੰ ਉਹਨਾਂ ਤੇ ਕਿਰਪਾ ਕਰਦਾ ਹੈਂ;
23347	522	ਦੂਖੁ ਦਰਦੁ ਵਡ ਰੋਗੁ ਨ ਪੋਹੇ ਤਿਸੁ ਮਾਇ॥		Dhookh Dharadh Vadd Rog N Pohae This Maae ||	Suffering, pain, terrible disease and Maya do not afflict them.	(ਜਿਸ ਮਨੁੱਖ ਤੇ ਤੂੰ ਮਿਹਰ ਕਰਦਾ ਹੈਂ) ਉਸ ਨੂੰ ਮਾਇਆ ਪੋਹ ਨਹੀਂ ਸਕਦੀ, ਕੋਈ ਦੁਖ ਦਰਦ ਕੋਈ ਵੱਡੇ ਤੋਂ ਵੱਡਾ ਰੋਗ ਉਸ ਨੂੰ ਪੋਹ ਨਹੀਂ ਸਕਦਾ।
23348	522	ਭਗਤਾ ਏਹੁ ਅਧਾਰੁ ਗੁਣ ਗੋਵਿੰਦ ਗਾਇ॥		Bhagathaa Eaehu Adhhaar Gun Govindh Gaae ||	This is the Support of the devotees, that they sing the Glorious Praises of the Lord of the Universe.	ਗੋਵਿੰਦ ਦੇ ਗੁਣ ਗਾ ਗਾ ਕੇ ਇਹ (ਸਿਫ਼ਤ-ਸਾਲਾਹ) ਭਗਤਾਂ (ਦੀ ਜ਼ਿੰਦਗੀ) ਦਾ ਆਸਰਾ ਬਣ ਜਾਂਦੀ ਹੈ;
23349	522	ਸਦਾ ਸਦਾ ਦਿਨੁ ਰੈਣਿ ਇਕੋ ਇਕੁ ਧਿਆਇ॥		Sadhaa Sadhaa Dhin Rain Eiko Eik Dhhiaae ||	Forever and ever, day and night, they meditate on the One and Only Lord.	ਤੇ ਦਿਨ ਰਾਤ ਸਦਾ ਹੀ ਇਕ ਪ੍ਰਭੂ ਨੂੰ ਸਿਮਰ ਸਿਮਰ ਕੇ,

23350	522	ਪੀਵਤਿ ਅੰਮ੍ਰਿਤ ਨਾਮੁ ਜਨ ਨਾਮੇ ਰਹੇ ਅਘਾਇ॥੧੪॥	(ਅਘਾਇ) ਤ੍ਰਿਪਤ	Peevath Anmrith Naam Jan Naamae Rehae Aghaae ||14||	Drinking in the Ambrosial Amrit of the Naam, the Name of the Lord, His humble servants remain satisfied with the Naam. ||14||	ਨਾਮ-ਰੂਪ ਅੰਮ੍ਰਿਤ ਪੀ ਪੀ ਕੇ ਸੇਵਕ ਨਾਮ ਵਿਚ ਹੀ ਰੱਜੇ ਰਹਿੰਦੇ ਹਨ ॥੧੪॥
23351	522	ਸਲੋਕ ਮਃ ੫॥		Salok Ma 5 ||	Shalok, Fifth Mehl:	
23352	522	ਕੋਟਿ ਬਿਘਨ ਤਿਸੁ ਲਾਗਤੇ ਜਿਸ ਨੋ ਵਿਸਰੈ ਨਾਉ॥		Kott Bighan This Laagathae Jis No Visarai Naao ||	Millions of obstacles stand in the way of one who forgets the Name.	ਜਿਸ ਮਨੁੱਖ ਨੂੰ ਪਰਮਾਤਮਾ ਦਾ ਨਾਮ ਵਿਸਰ ਜਾਂਦਾ ਹੈ ਉਸ ਨੂੰ ਕ੍ਰੋੜਾਂ ਵਿਘਨ ਆ ਘੇਰਦੇ ਹਨ।
23353	522	ਨਾਨਕ ਅਨ ਦਿਨੁ ਬਿਲਪਤੇ ਜਿਉ ਸੁੰਞੈ ਘਰਿ ਕਾਉ॥੧॥		Naanak Anadhin Bilapathae Jio Sunnjai Ghar Kaao ||1||	O Nanak, night and day, he croaks like a raven in a deserted house. ||1||	ਹੇ ਨਾਨਕ! (ਅਜੇਹੇ ਬੰਦੇ) ਹਰ ਰੋਜ਼ ਇਉਂ ਵਿਲਕਦੇ ਹਨ ਜਿਵੇਂ ਸੁੰਞੇ ਘਰਾਂ ਵਿਚ ਕਾਂ ਲੋਂਦਾ ਹੈ (ਪਰ ਓਥੋਂ ਉਸ ਨੂੰ ਮਿਲਦਾ ਕੁਝ ਨਹੀਂ) ॥੧॥
23354	522	ਮਃ ੫॥		Ma 5 ||	Fifth Mehl:	
23355	522	ਪਿਰੀ ਮਿਲਾਵਾ ਜਾ ਥੀਐ ਸਾਈ ਸੁਹਾਵੀ ਰੁਤਿ॥		Piree Milaavaa Jaa Thheeai Saaee Suhaavee Ruth ||	Beauteous is that season, when I am united with my Beloved.	ਉਹੀ ਰੁੱਤ ਸੋਹਣੀ ਹੈ ਜਦੋਂ ਪਿਆਰੇ ਪ੍ਰਭੂ-ਪਤੀ ਦਾ ਮੇਲ ਹੁੰਦਾ ਹੈ,

23356	522	ਘੜੀ ਮੁਹਤੁ ਨਹ ਵੀਸਰੈ ਨਾਨਕ ਰਵੀਐ ਨਿਤ॥੨॥		Gharree Muhath Neh Veesarai Naanak Raveeai Nith ||2||	I do not forget Him for a moment or an instant; O Nanak, I contemplate Him constantly. ||2||	ਸੋ, ਹੇ ਨਾਨਕ! ਉਸ ਨੂੰ ਹਰ ਵੇਲੇ ਯਾਦ ਕਰੀਏ, ਕਦੇ ਘੜੀ ਦੋ ਘੜੀਆਂ ਭੀ ਉਹ ਪ੍ਰਭੂ ਨਾਹ ਭੁੱਲੇ ॥੨॥
23357	522	ਪਉੜੀ॥		Pourree ||	Pauree:	
23358	522	ਸੂਰਬੀਰ ਵਰੀਆਮ ਕਿਨੈ ਨ ਹੋੜੀਐ॥	(ਵਰੀਆਮ) ਜੋਧਾ। (ਹੋੜੀਐ) ਰੋਕਿਆ	Soorabeer Vareeaam Kinai N Horreeai ||	Even brave and mighty men cannot withstand the powerful	(ਕਾਮਾਦਿਕ ਵਿਕਾਰ) ਬੜੇ ਸੂਰਮੇ ਤੇ ਬਹਾਦਰ (ਸਿਪਾਹੀ) ਹਨ, ਕਿਸੇ ਨੇ ਇਹਨਾਂ ਨੂੰ ਠੱਲ੍ਹਿਆ ਨਹੀਂ।
23359	522	ਫਉਜ ਸਤਾਣੀ ਹਾਠ ਪੰਚਾ ਜੋੜੀਐ॥	(ਸਤਾਣੀ)ਬਲ ਸਹਿਤ। (ਹਾਠ) ਹਠ ਵਾਲੀ	Fouj Sathaanee Haath Panchaa Jorreeai ||	And overwhelming army which the five passions have gathered.	ਇਹਨਾਂ ਪੰਜਾਂ ਨੇ ਬੜੀ ਬਲ ਵਾਲੀ ਤੇ ਹਠੀਲੀ ਫ਼ੌਜ ਇਕੱਠੀ ਕੀਤੀ ਹੋਈ ਹੈ,
23360	522	ਦਸ ਨਾਰੀ ਅਉਧੂਤ ਦੇਨਿ ਚਮੋੜੀਐ॥	(ਅਉਧੂਤ) ਬਿਰਕਤ। (ਚਮੋੜੀਐ) ਤਿਆਗੀ	Dhas Naaree Aoudhhooth Dhaen Chamorreeai ||	The ten organs of sensation attach even detached renunciates to sensory pleasures.	(ਦੁਨੀਆਦਾਰ ਤਾਂ ਕਿਤੇ ਰਹੇ) ਤਿਆਗੀਆਂ ਨੂੰ (ਭੀ) ਇਹ ਦਸ ਇੰਦ੍ਰੇ ਚਮੋੜ ਦੇਂਦੇ ਹਨ।
23361	522	ਜਿਣਿ ਜਿਣਿ ਲੈਨ੍ਹਿ ਰਲਾਇ ਏਹੋ ਏਨਾ ਲੋੜੀਐ॥		Jin Jin Lainih Ralaae Eaeho Eaenaa Lorreeai ||	They seek to conquer and overpower them, and so increase their following.	ਇਹ (ਕਾਮਾਦਿਕ ਵਿਕਾਰ) ਸਭ ਨੂੰ ਜਿੱਤ ਜਿੱਤ ਕੇ ਆਪਣੇ ਅਨੁਸਾਰੀ ਕਰੀ ਜਾਂਦੇ ਹਨ, ਬੱਸ! ਇਹੀ ਗੱਲ ਇਹ ਲੋੜਦੇ ਹਨ।

23362	522	ਤ੍ਰੈ ਗੁਣ ਇਨ ਕੈ ਵਸਿ ਕਿਨੈ ਨ ਮੋੜੀਐ॥		Thrai Gun Ein Kai Vas Kinai N Morreeai ||	The world of the three dispositions is under their influence; no one can stand against them.	ਸਾਰੇ ਹੀ ਤ੍ਰੈਗੁਣੀ ਜੀਵ ਇਹਨਾਂ ਦੇ ਦਬਾਉ ਹੇਠ ਹਨ, ਕਿਸੇ ਨੇ ਇਹਨਾਂ ਨੂੰ ਮੋੜਾ ਨਹੀਂ ਪਾਇਆ।
23363	522	ਭਰਮੁ ਕੋਟੁ ਮਾਇਆ ਖਾਈ ਕਹੁ ਕਿਤੁ ਬਿਧਿ ਤੋੜੀਐ॥		Bharam Kott Maaeiaa Khaaee Kahu Kith Bidhh Thorreeai ||	So tell me - how can the fort of doubt and the moat of Maya be overcome?	(ਕਾਮਾਦਿਕ) ਭਟਕਣਾ (ਮਾਨੋ) ਕਿਲ੍ਹਾ ਹੈ ਤੇ ਮਾਇਆ (ਦੁਆਲੇ ਦੀ ਡੂੰਘੀ) ਖਾਈ। (ਇਹ ਕਿਲ੍ਹਾ) ਕਿਵੇਂ ਤੋੜਿਆ ਜਾਏ?
23364	522	ਗੁਰੁ ਪੂਰਾ ਆਰਾਧਿ ਬਿਖਮ ਦਲੁ ਫੋੜੀਐ॥		Gur Pooraa Aaraadhh Bikham Dhal Forreeai ||	Worshipping the Perfect Guru, this awesome force is subdued.	ਪੂਰੇ ਸਤਿਗੁਰੂ ਨੂੰ ਯਾਦ ਕੀਤਿਆਂ ਇਹ ਕਰੜੀ ਫ਼ੌਜ ਸਰ ਕੀਤੀ ਜਾ ਸਕਦੀ ਹੈ।
23365	522	ਹਉ ਤਿਸੁ ਅਗੈ ਦਿਨੁ ਰਾਤਿ ਰਹਾ ਕਰ ਜੋੜੀਐ॥੧੫॥		Ho This Agai Dhin Raath Rehaa Kar Jorreeai ||15||	I stand before Him, day and night, with my palms pressed together. ||15||	(ਜੇ ਪ੍ਰਭੂ ਦੀ ਮਿਹਰ ਹੋਵੇ ਤਾਂ) ਮੈਂ ਦਿਨ ਰਾਤ ਹੱਥ ਜੋੜ ਕੇ ਉਸ ਗੁਰੂ ਦੇ ਸਾਹਮਣੇ ਖਲੋਤਾ ਰਹਾਂ ॥੧੫॥
23366	522	ਸਲੋਕ ਮਃ ੫॥		Salok Ma 5 ||	Shalok, Fifth Mehl:	
23367	522	ਕਿਲਵਿਖ ਸਭੇ ਉਤਰਨਿ ਨੀਤ ਨੀਤ ਗੁਣ ਗਾਉ॥		Kilavikh Sabhae Outharan Neeth Neeth Gun Gaao ||	All sins are washed away, by continually singing the Lord's Glories.	ਰੋਜ਼ ਦਿਨ ਪ੍ਰਭੂ ਦੀ ਸਿਫ਼ਤ-ਸਾਲਾਹ ਕਰਨ ਨਾਲ ਸਾਰੇ ਪਾਪ ਉਤਰ ਜਾਂਦੇ ਹਨ।

23368	522	ਕੋਟਿ ਕਲੇਸਾ ਊਪਜਹਿ ਨਾਨਕ ਬਿਸਰੈ ਨਾਉ॥੧॥		Kott Kalaesaa Oopajehi Naanak Bisarai Naao ||1||	Millions of afflictions are produced, O Nanak, when the Name is forgotten. ||1||	ਹੇ ਨਾਨਕ! ਜੇ ਪ੍ਰਭੂ ਦਾ ਨਾਮ ਭੁੱਲ ਜਾਏ ਤਾਂ ਕ੍ਰੋੜਾਂ ਦੁੱਖ ਲੱਗ ਜਾਂਦੇ ਹਨ ॥੧॥
23369	522	ਮਃ ੫॥		Ma 5 ||	Fifth Mehl:	
23370	522	ਨਾਨਕ ਸਤਿਗੁਰਿ ਭੇਟਿਐ ਪੂਰੀ ਹੋਵੈ ਜੁਗਤਿ॥		Naanak Sathigur Bhaettiai Pooree Hovai Jugath ||	O Nanak, meeting the True Guru, one comes to know the Perfect Way.	ਹੇ ਨਾਨਕ! ਜੇ ਸਤਿਗੁਰੂ ਮਿਲ ਪਏ ਤਾਂ ਜੀਊਣ ਦੀ ਠੀਕ ਜਾਚ ਆ ਜਾਂਦੀ ਹੈ।
23371	522	ਹਸੰਦਿਆ ਖੇਲੰਦਿਆ ਪੈਨੰਦਿਆ ਖਾਵੰਦਿਆ ਵਿਚੇ ਹੋਵੈ ਮੁਕਤਿ॥੨॥	ਪੈ-ਨ੍ਹੰਦਿਆਂ	Hasandhiaa Khaelandhiaa Painandhiaa Khaavandhiaa Vichae Hovai Mukath ||2||	While laughing, playing, dressing and eating, he is liberated. ||2||	ਇਸ ਤਰ੍ਹਾਂ ਹੱਸਦਿਆਂ ਖੇਡਦਿਆਂ ਖਾਂਦਿਆਂ ਪਹਿਨਦਿਆਂ (ਭਾਵ, ਦੁਨੀਆ ਦੇ ਸਾਰੇ ਕੰਮ ਕਾਰ ਕਰਦਿਆਂ) ਕਾਮਾਦਿਕ ਵਿਕਾਰਾਂ ਤੋਂ ਬਚੇ ਰਹੀਦਾ ਹੈ ॥੨॥
23372	522	ਪਉੜੀ॥		Pourree ||	Pauree:	
23373	522	ਸੋ ਸਤਿਗੁਰੁ ਧਨੁ ਧੰਨੁ ਜਿਨਿ ਭਰਮ ਗੜੁ ਤੋੜਿਆ॥		So Sathigur Dhhan Dhhann Jin Bharam Garr Thorriaa ||	Blessed, blessed is the True Guru, who has demolished the fortress of doubt.	ਧੰਨ ਹੈ ਉਹ ਸਤਿਗੁਰੂ ਜਿਸ ਨੇ (ਅਸਾਡਾ) ਭਰਮ ਦਾ ਕਿਲ੍ਹਾ ਤੋੜ ਦਿੱਤਾ ਹੈ।
23374	522	ਸੋ ਸਤਿਗੁਰੁ ਵਾਹੁ ਵਾਹੁ ਜਿਨਿ ਹਰਿ ਸਿਉ ਜੋੜਿਆ॥		So Sathigur Vaahu Vaahu Jin Har Sio Jorriaa ||	Waaho! Waaho! - Hail! Hail! to the True Guru, who has united me with the Lord.	ਅਚਰਜ ਵਡਿਆਈ ਵਾਲਾ ਹੈ ਉਹ ਗੁਰੂ ਜਿਸ ਨੇ (ਅਸਾਨੂੰ) ਰੱਬ ਨਾਲ ਜੋੜ ਦਿੱਤਾ ਹੈ।

23375	522	ਨਾਮੁ ਨਿਧਾਨੁ ਅਖੁਟੁ ਗੁਰੁ ਦੇਇ ਦਾਰੂਓ॥	(ਅਖੁਟੁ) ਬੇਅੰਤ। ਦਾਰੂ-ਓ	Naam Nidhhaan Akhutt Gur Dhaee Dhaarooou ||	The Guru has given me the medicine of the inexhaustible treasure of the Naam.	ਗੁਰੂ ਅਮੁਕ ਨਾਮ-ਖ਼ਜ਼ਾਨਾ-ਰੂਪ ਦਵਾਈ ਦੇਂਦਾ ਹੈ,
23376	522	ਮਹਾ ਰੋਗੁ ਬਿਕਰਾਲ ਤਿਨੈ ਬਿਦਾਰੂਓ॥	ਬਿਦਾਰੂ-ਓ	Mehaa Rog Bikaraal Thinai Bidhaarooou ||	He has banished the great and terrible disease.	ਤੇ ਇੰਜ ਅਸਾਡਾ ਵੱਡਾ ਭਿਆਨਕ ਰੋਗ ਨਾਸ ਕਰ ਦਿੱਤਾ ਹੈ।
23377	522	ਪਾਇਆ ਨਾਮੁ ਨਿਧਾਨੁ ਬਹੁਤੁ ਖਜਾਨਿਆ॥		Paaeiaa Naam Nidhhaan Bahuth Khajaaniaa ||	I have obtained the great treasure of the wealth of the Naam.	(ਜਿਸ ਮਨੁੱਖ ਨੇ ਗੁਰੂ ਪਾਸੋਂ) ਪ੍ਰਭੂ-ਨਾਮ ਰੂਪ ਵੱਡਾ ਖ਼ਜ਼ਾਨਾ ਹਾਸਲ ਕੀਤਾ ਹੈ,
23378	522	ਜਿਤਾ ਜਨਮੁ ਅਪਾਰੁ ਆਪੁ ਪਛਾਨਿਆ॥	ਜਿੱਤਾ	Jithaa Janam Apaar Aap Pashhaaniaa ||	I have obtained eternal life, recognizing my own self.	ਉਸ ਨੇ ਆਪਣੇ ਆਪ ਨੂੰ ਪਛਾਣ ਲਿਆ ਹੈ ਤੇ ਮਨੁੱਖਾ-ਜਨਮ (ਦੀ) ਅਪਾਰ (ਬਾਜ਼ੀ) ਜਿੱਤ ਲਈ ਹੈ।
23379	522	ਮਹਿਮਾ ਕਹੀ ਨ ਜਾਇ ਗੁਰ ਸਮਰਥ ਦੇਵ॥	ਸਮਰੱਥ	Mehimaa Kehee N Jaae Gur Samarathh Dhaev ||	The Glory of the all-powerful Divine Guru cannot be described.	ਸੱਤਿਆ ਵਾਲੇ ਗੁਰਦੇਵ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ,
23380	522	ਗੁਰ ਪਾਰਬ੍ਰਹਮ ਪਰਮੇਸੁਰ ਅਪਰੰਪਰ ਅਲਖ ਅਭੇਵ॥੧੬॥	ਅਪ-ਰੰਪਰ	Gur Paarabreham Paramaesur Aparanpar Alakh Abhaev ||16||	The Guru is the Supreme Lord God, the Transcendent Lord, infinite, unseen and unknowable. ||16||	ਸਤਿਗੁਰੂ ਉਸ ਪਰਮੇਸਰ ਪਾਰਬ੍ਰਹਮ ਦਾ ਰੂਪ ਹੈ ਜੋ ਬੇਅੰਤ ਹੈ ਅਲੱਖ ਹੈ ਤੇ ਅਭੇਵ ਹੈ ॥੧੬॥

23381	522	ਸਲੋਕੁ ਮਃ ੫॥		Salok Ma 5 ||	Shalok, Fifth Mehl:	
23382	522	ਉਦਮੁ ਕਰੇਦਿਆ ਜੀਉ ਤੂੰ ਕਮਾਵਦਿਆ ਸੁਖ ਭੁੰਚੁ॥	(ਭੁੰਚੁ) ਭੋਗਣਾ	Oudham Karaedhiaa Jeeo Thoon Kamaavadhiaa Sukh Bhunch ||	Make the effort, and you shall live; practicing it, you shall enjoy peace.	(ਪ੍ਰਭੂ ਦੀ ਭਗਤੀ ਦਾ) ਉੱਦਮ ਕਰਦਿਆਂ ਆਤਮਕ ਜੀਵਨ ਮਿਲਦਾ ਹੈ, (ਇਹ ਨਾਮ ਦੀ) ਕਮਾਈ ਕੀਤਿਆਂ ਸੁਖ ਮਾਣੀਦਾ ਹੈ।
23383	522	ਧਿਆਇਦਿਆ ਤੂੰ ਪ੍ਰਭੂ ਮਿਲੁ ਨਾਨਕ ਉਤਰੀ ਚਿੰਤ ॥੧॥		Dhhiaaeidhiaa Thoon Prabhoo Mil Naanak Outharee Chinth ||1||	Meditating, you shall meet God, O Nanak, and your anxiety shall vanish. ||1||	ਹੇ ਨਾਨਕ! ਨਾਮ ਸਿਮਰਿਆਂ ਪਰਮਾਤਮਾ ਨੂੰ ਮਿਲ ਪਈਦਾ ਹੈ ਤੇ ਚਿੰਤਾ ਮਿਟ ਜਾਂਦੀ ਹੈ ॥੧॥
23384	522	ਮਃ ੫॥		Ma 5 ||	Fifth Mehl:	
23385	522	ਸੁਭ ਚਿੰਤਨ ਗੋਬਿੰਦ ਰਮਣ ਨਿਰਮਲ ਸਾਧੂਸੰਗ॥		Subh Chinthan Gobindh Raman Niramal Saadhhoo Sang ||	Bless me with sublime thoughts, O Lord of the Universe, and contemplation in the immaculate Saadh Sangat, the Company of the Holy.	ਪਵਿਤ੍ਰ ਸਤ-ਸੰਗ ਕਰਾਂ, ਗੋਬਿੰਦ ਦਾ ਸਿਮਰਨ ਕਰਾਂ ਤੇ ਭਲੀਆਂ ਸੋਚਾਂ ਸੋਚਾਂ,
23386	522	ਨਾਨਕ ਨਾਮੁ ਨ ਵਿਸਰਉ ਇਕ ਘੜੀ ਕਰਿ ਕਿਰਪਾ ਭਗਵੰਤ॥੨॥		Naanak Naam N Visaro Eik Gharree Kar Kirapaa Bhagavanth ||2||	O Nanak, may I never forget the Naam, the Name of the Lord, for even an instant; be merciful to me, Lord God. ||2||	ਹੇ ਭਗਵਾਨ! ਮੈਂ ਨਾਨਕ ਉਤੇ ਕਿਰਪਾ ਕਰ ਕਿ ਮੈਂ ਇਕ ਘੜੀ ਭਰ ਭੀ ਤੇਰਾ ਨਾਮ ਨਾਹ ਭੁਲਾਵਾਂ ॥੨॥

23387	522	ਪਉੜੀ॥		Pourree ||	Pauree:	
23388	522	ਤੇਰਾ ਕੀਤਾ ਹੋਇ ਤ ਕਾਹੇ ਡਰਪੀਐ॥		Thaeraa Keethaa Hoe Th Kaahae Ddarapeeai ||	Whatever happens is according to Your Will, so why should I be afraid?	(ਹੇ ਪ੍ਰਭੂ!) ਜੋ ਕੁਝ ਵਾਪਰਦਾ ਹੈ ਤੇਰਾ ਹੀ ਕੀਤਾ ਹੁੰਦਾ ਹੈ ਤਾਂ (ਅਸੀਂ) ਕਿਉਂ (ਕਿਸੇ ਤੋਂ) ਡਰੀਏ?
23389	522	ਜਿਸੁ ਮਿਲਿ ਜਪੀਐ ਨਾਉ ਤਿਸੁ ਜੀਉ ਅਰਪੀਐ॥		Jis Mil Japeeai Naao This Jeeo Arapeeai ||	Meeting Him, I meditate on the Name - I offer my soul to Him.	ਜਿਸ ਨੂੰ ਮਿਲ ਕੇ ਪ੍ਰਭੂ ਦਾ ਨਾਮ ਜਪਿਆ ਜਾਏ, ਉਸ ਅਗੇ ਆਪਣਾ ਆਪ ਭੇਟਾ ਕਰ ਦੇਣਾ ਚਾਹੀਦਾ ਹੈ।
23390	522	ਆਇਐ ਚਿਤਿ ਨਿਹਾਲੁ ਸਾਹਿਬ ਬੇਸੁਮਾਰ॥		Aaeiai Chith Nihaal Saahib Baesumaar ||	When the Infinite Lord comes to mind, one is enraptured.	ਜੇ ਬੇਅੰਤ ਸਾਹਿਬ ਚਿੱਤ ਵਿਚ ਆ ਵੱਸੇ ਤਾਂ ਨਿਹਾਲ ਹੋ ਜਾਈਦਾ ਹੈ।
23391	522	ਤਿਸ ਨੋ ਪੋਹੇ ਕਵਣੁ ਜਿਸੁ ਵਲਿ ਨਿਰੰਕਾਰ॥		This No Pohae Kavan Jis Val Nirankaar ||	Who can touch one who has the Formless Lord on his side?	ਜਿਸ ਦੇ ਪੱਖ ਤੇ ਨਿਰੰਕਾਰ ਹੋ ਜਾਏ, ਉਸ ਤੇ ਕੋਈ ਦਬਾ ਨਹੀਂ ਪਾ ਸਕਦਾ।
23392	522	ਸਭੁ ਕਿਛੁ ਤਿਸ ਕੈ ਵਸਿ ਨ ਕੋਈ ਬਾਹਰਾ॥	ਵੱਸਿ	Sabh Kishh This Kai Vas N Koee Baaharaa ||	Everything is under His control; no one is beyond Him.	ਹਰੇਕ ਚੀਜ਼ ਉਸ ਪਰਮਾਤਮਾ ਦੇ ਵੱਸ ਵਿਚ ਹੈ, ਉਸ ਦੇ ਹੁਕਮ ਤੋਂ ਪਰੇ ਕੋਈ ਨਹੀਂ।

23393	522	ਸੋ ਭਗਤਾ ਮਨਿ ਵੁਠਾ ਸਚਿ ਸਮਾਹਰਾ॥		So Bhagathaa Man Vuthaa Sach Samaaharaa ||	He, the True Lord, dwells in the minds of His devotees.	ਉਹ ਪ੍ਰਭੂ ਭਗਤਾਂ ਦੇ ਮਨ ਵਿਚ ਆ ਵੱਸਦਾ ਹੈ (ਉਹਨਾਂ ਦੇ ਅੰਦਰ) ਸਮਾ ਜਾਂਦਾ ਹੈ।
23394	522	ਤੇਰੇ ਦਾਸ ਧਿਆਇਨਿ ਤੁਧੁ ਤੂੰ ਰਖਣ ਵਾਲਿਆ॥	ਧਿਆਇ-ਨਿ। ਰੱਖਣ	Thaerae Dhaas Dhhiaaein Thudhh Thoon Rakhan Vaaliaa ||	Your slaves meditate on You; You are the Savior, the Protector Lord.	(ਹੇ ਪ੍ਰਭੂ!) ਤੇਰੇ ਦਾਸ ਤੈਨੂੰ ਯਾਦ ਕਰਦੇ ਹਨ ਤੇ ਤੂੰ ਉਹਨਾਂ ਦੀ ਰੱਖਿਆ ਕਰਦਾ ਹੈਂ।
23395	523	ਸਿਰਿ ਸਭਨਾ ਸਮਰਥੁ ਨਦਰਿ ਨਿਹਾਲਿਆ॥੧੭॥	ਸਮਰੱਥੁ	Sir Sabhanaa Samarathh Nadhar Nihaaliaa ||17||	You are the Almighty Overlord of all; You bless us with Your Glance of Grace. ||17||	ਤੂੰ ਸਭ ਜੀਵਾਂ ਦੇ ਸਿਰ ਤੇ ਹਾਕਮ ਹੈਂ, ਮੇਹਰ ਦੀ ਨਜ਼ਰ ਕਰ ਕੇ (ਜੀਵਾਂ ਨੂੰ) ਸੁਖ ਦੇਣ ਵਾਲਾ ਹੈਂ ॥੧੭॥
23396	523	ਸਲੋਕ ਮਃ ੫॥		Salok Ma 5 ||	Shalok, Fifth Mehl:	
23397	523	ਕਾਮ ਕ੍ਰੋਧ ਮਦ ਲੋਭ ਮੋਹ ਦੁਸਟ ਬਾਸਨਾ ਨਿਵਾਰਿ॥		Kaam Krodhh Madh Lobh Moh Dhusatt Baasanaa Nivaar ||	Take away my sexual desire, anger, pride, greed, emotional attachment and evil desires.	(ਹੇ ਪ੍ਰਭੂ! ਮੇਰੇ ਅੰਦਰੋਂ) ਕਾਮ, ਕ੍ਰੋਧ, ਲੋਭ, ਮੋਹ, ਅਹੰਕਾਰ ਦੀ ਮਸਤੀ ਤੇ ਭੈੜੀਆਂ ਵਾਸ਼ਨਾ ਦੂਰ ਕਰ!
23398	523	ਰਾਖਿ ਲੇਹੁ ਪ੍ਰਭ ਆਪਣੇ ਨਾਨਕ ਸਦ ਬਲਿਹਾਰਿ॥੧॥		Raakh Laehu Prabh Aapanae Naanak Sadh Balihaar ||1||	Protect me, O my God; Nanak is forever a sacrifice to You. ||1||	ਹੇ ਮੇਰੇ ਪ੍ਰਭੂ! ਰੱਖਿਆ ਕਰ! ਨਾਨਕ ਤੇਰੇ ਤੋਂ ਸਦਾ ਬਲਹਾਰੀ ਹੈ ॥੧॥
23399	523	ਮਃ ੫॥		Ma 5 ||	Fifth Mehl:	

23400	523	ਖਾਂਦਿਆ ਖਾਂਦਿਆ ਮੁਹੁ ਘਠਾ ਪੈਨੰਦਿਆ ਸਭੁ ਅੰਗੁ॥	(ਘੱਠਾ) ਘਸ ਗਿਆ। ਪੈ-ਨ੍ਹੰਦਿਆਂ	Khaandhiaa Khaandhiaa Muhu Ghathaa Painandhiaa Sabh Ang ||	By eating and eating, the mouth is worn out; by wearing clothes, the limbs grow weary.	ਖਾਂਦਿਆਂ ਖਾਂਦਿਆਂ ਮੂੰਹ (ਭੀ) ਘਸ ਗਿਆ ਤੇ ਪਹਿਨਦਿਆਂ ਸਾਰਾ ਸਰੀਰ ਹੀ ਲਿੱਸਾ ਹੋ ਗਿਆ (ਭਾਵ, ਇਹਨ੍ਹਾਂ ਆਹਰਾਂ ਵਿੱਚ ਜੀਵਨ ਲੰਘ ਗਿਆ),
23401	523	ਨਾਨਕ ਧ੍ਰਿਗੁ ਤਿਨਾ ਦਾ ਜੀਵਿਆ ਜਿਨ ਸਚਿ ਨ ਲਗੋ ਰੰਗੁ॥੨॥		Naanak Dhhrig Thinaa Dhaa Jeeviaa Jin Sach N Lago Rang ||2||	O Nanak, cursed are the lives of those who are not attuned to the Love of the True Lord. ||2||	ਹੇ ਨਾਨਕ! ਜਿਨ੍ਹਾਂ ਮਨੁੱਖਾਂ ਦਾ ਪਿਆਰ ਪਰਮਾਤਮਾ ਵਿਚ ਨਾਹ ਬਣਿਆ, ਉਹਨਾਂ ਦਾ ਜੀਊਣਾ ਫਿਟਕਾਰ-ਜੋਗ ਹੈ ॥੨॥
23402	523	ਪਉੜੀ॥		Pourree ||	Pauree:	
23403	523	ਜਿਉ ਜਿਉ ਤੇਰਾ ਹੁਕਮੁ ਤਿਵੈ ਤਿਉ ਹੋਵਣਾ॥		Jio Jio Thaeraa Hukam Thivai Thio Hovanaa ||	As is the Hukam of Your Command, so do things happen.	(ਹੇ ਪ੍ਰਭੂ! ਜਗਤ ਵਿਚ) ਉਸੇ ਤਰ੍ਹਾਂ ਵਰਤਾਰਾ ਵਰਤਦਾ ਹੈ ਜਿਵੇਂ ਤੇਰਾ ਹੁਕਮ ਹੁੰਦਾ ਹੈ।
23404	523	ਜਹ ਜਹ ਰਖਹਿ ਆਪਿ ਤਹ ਜਾਇ ਖੜੋਵਣਾ ॥		Jeh Jeh Rakhehi Aap Theh Jaae Kharrovanaa ||	Wherever You keep me, there I go and stand.	ਜਿਥੇ ਜਿਥੇ ਤੂੰ ਆਪ (ਜੀਵਾਂ ਨੂੰ) ਰੱਖਦਾ ਹੈਂ, ਓਥੇ ਹੀ (ਜੀਵ) ਜਾ ਖਲੋਂਦੇ ਹਨ।
23405	523	ਨਾਮ ਤੇਰੈ ਕੈ ਰੰਗਿ ਦੁਰਮਤਿ ਧੋਵਣਾ॥		Naam Thaerai Kai Rang Dhuramath Dhhovanaa ||	With the Love of Your Name, I wash away my evil-mindedness.	ਜੋ ਜੀਵ ਤੇਰੇ ਨਾਮ ਦੇ ਪਿਆਰ ਵਿਚ (ਰਹਿੰਦੇ) ਹਨ ਉਹ ਭੈੜੀ ਮੱਤ ਧੋ ਲੈਂਦੇ ਹਨ,

23406	523	ਜਪਿ ਜਪਿ ਤੁਧੁ ਨਿਰੰਕਾਰ ਭਰਮੁ ਭਉ ਖੋਵਣਾ॥		Jap Jap Thudhh Nirankaar Bharam Bho Khovanaa ||	By continually meditating on You, O Formless Lord, my doubts and fears are dispelled.	ਤੇ, ਹੇ ਨਿਰੰਕਾਰ! ਤੈਨੂੰ ਸਿਮਰ ਸਿਮਰ ਕੇ ਭਟਕਣਾ ਤੇ ਡਰ ਦੂਰ ਕਰ ਲੈਂਦੇ ਹਨ।
23407	523	ਜੋ ਤੇਰੈ ਰੰਗਿ ਰਤੇ ਸੇ ਜੋਨਿ ਨ ਜੋਵਣਾ॥		Jo Thaerai Rang Rathae Sae Jon N Jovanaa ||	Those who are attuned to Your Love, shall not be trapped in reincarnation.	ਜੋ ਮਨੁੱਖ ਤੇਰੇ ਪਿਆਰ ਵਿਚ ਰੰਗੇ ਜਾਂਦੇ ਹਨ ਉਹ ਜੂਨਾਂ ਵਿਚ ਨਹੀਂ ਪਾਏ ਜਾਂਦੇ,
23408	523	ਅੰਤਰਿ ਬਾਹਰਿ ਇਕੁ ਨੈਣ ਅਲੋਵਣਾ॥	ਅਲੋਵਣਾ ਵੇਖਣਾ	Anthar Baahar Eik Nain Alovanaa ||	Inwardly and outwardly, they behold the One Lord with their eyes.	ਅੰਦਰ ਬਾਹਰ (ਹਰ ਥਾਂ) ਉਹ ਇਕ (ਤੈਨੂੰ ਹੀ) ਅੱਖਾਂ ਨਾਲ ਵੇਖਦੇ ਹਨ।
23409	523	ਜਿਨ੍ਹੀ ਪਛਾਤਾ ਹੁਕਮੁ ਤਿਨ੍ਹ ਕਦੇ ਨ ਰੋਵਣਾ॥		Jinhee Pashhaathaa Hukam Thinh Kadhae N Rovanaa ||	Those who recognize the Lord's Command never weep.	ਜਿਨ੍ਹਾਂ ਨੇ ਪ੍ਰਭੂ ਦਾ ਹੁਕਮ ਪਛਾਣਿਆ ਹੈ ਉਹ ਕਦੇ ਪਛੁਤਾਂਦੇ ਨਹੀਂ,
23410	523	ਨਾਉ ਨਾਨਕ ਬਖਸੀਸ ਮਨ ਮਾਹਿ ਪਰੋਵਣਾ॥੧੮॥		Naao Naanak Bakhasees Man Maahi Parovanaa ||18||	O Nanak, they are blessed with the gift of the Name, woven into the fabric of their minds. ||18||	ਤੇ, ਹੇ ਨਾਨਕ! ਪ੍ਰਭੂ ਦਾ ਨਾਮ-ਰੂਪ ਬਖ਼ਸ਼ੀਸ਼ (ਸਦਾ ਆਪਣੇ) ਮਨ ਵਿਚ ਪਰੋਈ ਰੱਖਦੇ ਹਨ ॥੧੮॥
23411	523	ਸਲੋਕ ਮਃ ੫॥		Salok Ma 5 ||	Shalok, Fifth Mehl:	

23412	523	ਜੀਵਦਿਆ ਨ ਚੇਤਿਓ ਮੁਆ ਰਲੰਦੜੋ ਖਾਕ॥		Jeevadhiaa N Chaethiou Muaa Ralandharro Khaak ||	Those who do not remember the Lord while they are alive, shall mix with the dust when they die.	ਜਿਤਨਾ ਚਿਰ ਜੀਊਂਦਾ ਰਿਹਾ ਰੱਬ ਨੂੰ ਯਾਦ ਨਾਹ ਕੀਤਾ, ਮਰ ਗਿਆ ਤਾਂ ਮਿੱਟੀ ਵਿਚ ਰਲ ਗਿਆ;
23413	523	ਨਾਨਕ ਦੁਨੀਆ ਸੰਗਿ ਗੁਦਾਰਿਆ ਸਾਕਤ ਮੂੜ ਨਪਾਕ॥੧॥	ਗੁਦਾਰਿਆ ਗੁਜਾਰਿਆ	Naanak Dhuneeaa Sang Gudhaariaa Saakath Moorr Napaak ||1||	O Nanak, the foolish and filthy faithless cynic passes his life engrossed in the world. ||1||	ਤੇ, ਹੇ ਨਾਨਕ! ਰੱਬ ਨਾਲੋਂ ਟੁੱਟੇ ਹੋਏ ਐਸੇ ਮੂਰਖ ਗੰਦੇ ਮਨੁੱਖ ਨੇ ਦੁਨੀਆ ਨਾਲ ਹੀ (ਜੀਵਨ ਅਜਾਈਂ) ਗੁਜ਼ਾਰ ਦਿੱਤਾ ॥੧॥
23414	523	ਮਃ ੫॥		Ma 5 ||	Fifth Mehl:	
23415	523	ਜੀਵੰਦਿਆ ਹਰਿ ਚੇਤਿਆ ਮਰੰਦਿਆ ਹਰਿ ਰੰਗਿ॥	ਜੀ-ਵੰਦਿਆਂ, ਮ-ਰੰਦਿਆਂ	Jeevandhiaa Har Chaethiaa Marandhiaa Har Rang ||	One who remembers the Lord while he is alive, shall be imbued with the Lord's Love when he dies.	ਜਿਸ ਨੇ ਜੀਊਂਦਿਆਂ (ਸਾਰੀ ਉਮਰ) ਪਰਮਾਤਮਾ ਨੂੰ ਯਾਦ ਰੱਖਿਆ, ਤੇ ਮਰਨ ਵੇਲੇ ਭੀ ਪ੍ਰਭੂ ਦੇ ਪਿਆਰ ਵਿਚ ਰਿਹਾ,
23416	523	ਜਨਮੁ ਪਦਾਰਥੁ ਤਾਰਿਆ ਨਾਨਕ ਸਾਧੂਸੰਗਿ॥੨॥		Janam Padhaarathh Thaariaa Naanak Saadhhoo Sang ||2||	The precious gift of his life is redeemed, O Nanak, in the Saadh Sangat, the Company of the Holy. ||2||	ਹੇ ਨਾਨਕ! ਉਸ ਨੇ ਇਹ ਮਨੁੱਖਾ ਜੀਵਨ-ਰੂਪ ਅਮੋਲਕ ਚੀਜ਼ (ਸੰਸਾਰ-ਸਮੁੰਦਰ ਵਿਚ ਰੁੜ੍ਹਨੋਂ) ਬਚਾ ਲਈ ਹੈ ॥੨॥
23417	523	ਪਉੜੀ॥	ਜੁੱਗਾਦੀ	Pourree ||	Pauree:	

23418	523	ਆਦਿ ਜੁਗਾਦੀ ਆਪਿ ਰਖਣ ਵਾਲਿਆ॥		Aadh Jugaadhee Aap Rakhan Vaaliaa ||	From the beginning, and through the ages, You have been our Protector and Preserver.	ਪਰਮਾਤਮਾ ਸਦਾ ਤੋਂ ਹੀ ਆਪ (ਸਭ ਦੀ) ਰੱਖਿਆ ਕਰਦਾ ਆਇਆ ਹੈ।
23419	523	ਸਚੁ ਨਾਮੁ ਕਰਤਾਰੁ ਸਚੁ ਪਸਾਰਿਆ॥		Sach Naam Karathaar Sach Pasaariaa ||	True is Your Name, O Creator Lord, and True is Your Creation.	ਉਸ ਕਰਤਾਰ ਦਾ ਨਾਮ ਸਦਾ-ਥਿਰ ਰਹਿਣ ਵਾਲਾ ਹੈ, ਉਹ ਹਰ ਥਾਂ ਮੌਜੂਦ ਹੈ।
23420	523	ਊਣਾ ਕਹੀ ਨ ਹੋਇ ਘਟੇ ਘਟਿ ਸਾਰਿਆ॥	ਘਟੇ ਘਟਿ ਪੋਲੇ	Oonaa Kehee N Hoe Ghattae Ghatt Saariaa ||	You do not lack anything; You are filling each and every heart.	ਕੋਈ ਥਾਂ ਉਸ ਤੋਂ ਖ਼ਾਲੀ ਨਹੀਂ; ਹਰੇਕ ਇਕ ਸਰੀਰ ਵਿਚ ਆਪੇ ਹੀ ਮੌਜੂਦ ਹੈ।
23421	523	ਮਿਹਰਵਾਨ ਸਮਰਥ ਆਪੇ ਹੀ ਘਾਲਿਆ॥	ਸਮਰੱਥੁ	Miharavaan Samarathh Aapae Hee Ghaaliaa ||	You are merciful and all-powerful; You Yourself cause us to serve You.	ਸਭ ਜੀਵਾਂ ਤੇ ਮੇਹਰ ਕਰਦਾ ਹੈ, ਸਭ ਕੁਝ ਕਰਨ-ਜੋਗਾ ਹੈ, ਉਹ ਆਪ ਹੀ (ਜੀਵਾਂ ਪਾਸੋਂ ਸਿਮਰਨ ਦੀ) ਕਮਾਈ ਕਰਾਂਦਾ ਹੈ।
23422	523	ਜਿਨ੍ਹ ਮਨਿ ਵੁਠਾ ਆਪਿ ਸੇ ਸਦਾ ਸੁਖਾਲਿਆ॥		Jinh Man Vuthaa Aap Sae Sadhaa Sukhaaliaa ||	Those whose minds in which You dwell are forever at peace.	ਜਿਨ੍ਹਾਂ ਬੰਦਿਆਂ ਦੇ ਮਨ ਵਿਚ (ਪ੍ਰਭੂ) ਆ ਵੱਸਦਾ ਹੈ ਉਹ ਸਦਾ ਸੁਖੀ ਰਹਿੰਦੇ ਹਨ।
23423	523	ਆਪੇ ਰਚਨੁ ਰਚਾਇ ਆਪੇ ਹੀ ਪਾਲਿਆ॥		Aapae Rachan Rachaae Aapae Hee Paaliaa ||	Having created the creation, You Yourself cherish it.	(ਪ੍ਰਭੂ) ਆਪ ਹੀ ਜਗਤ ਪੈਦਾ ਕਰ ਕੇ ਆਪ ਹੀ ਇਸ ਦੀ ਪਾਲਣਾ ਕਰ ਰਿਹਾ ਹੈ।

23424	523	ਸਭੁ ਕਿਛੁ ਆਪੇ ਆਪਿ ਬੇਅੰਤ ਅਪਾਰਿਆ॥		Sabh Kishh Aapae Aap Baeanth Apaariaa ||	You Yourself are everything, O infinite, endless Lord.	ਉਹ ਬੇਅੰਤ ਹੈ, ਅਪਾਰ ਹੈ, ਸਭ ਕੁਝ ਆਪ ਹੀ ਆਪ ਹੈ।
23425	523	ਗੁਰ ਪੂਰੇ ਕੀ ਟੇਕ ਨਾਨਕ ਸੰਮ੍ਹਾਲਿਆ॥੧੯॥		Gur Poorae Kee Ttaek Naanak Sanmhaaliaa ||19||	Nanak seeks the Protection and Support of the Perfect Guru. ||19||	ਹੇ ਨਾਨਕ! (ਜਿਸ ਮਨੁੱਖ ਨੇ) ਪੂਰੇ ਗੁਰੂ ਦਾ ਆਸਰਾ ਲਿਆ ਹੈ, ਉਹ ਉਸ ਪ੍ਰਭੂ ਨੂੰ ਯਾਦ ਕਰਦਾ ਹੈ ॥੧੯॥
23426	523	ਸਲੋਕ ਮਃ ੫॥		Salok Ma 5 ||	Shalok, Fifth Mehl:	
23427	523	ਆਦਿ ਮਧਿ ਅਰੁ ਅੰਤਿ ਪਰਮੇਸਰਿ ਰਖਿਆ॥		Aadh Madhh Ar Anth Paramaesar Rakhiaa ||	In the beginning, in the middle and in the end, the Transcendent Lord has saved me.	(ਵਿਘਨਾਂ ਵਿਕਾਰਾਂ ਤੋਂ) ਪਰਮੇਸਰ ਨੇ ਆਪ ਸਦਾ ਹੀ (ਸ਼ੁਰੂ ਤੋਂ ਲੈ ਕੇ ਹੁਣ ਤਕ, ਆਪਣੇ ਸੇਵਕ ਨੂੰ) ਬਚਾਇਆ ਹੈ।
23428	523	ਸਤਿਗੁਰਿ ਦਿਤਾ ਹਰਿ ਨਾਮੁ ਅੰਮ੍ਰਿਤੁ ਚਖਿਆ॥	ਚੱਖਿਆ	Sathigur Dhithaa Har Naam Anmrith Chakhiaa ||	The True Guru has blessed me with the Lord's Name, and I have tasted the Ambrosial Nectar.	ਸਤਿਗੁਰੂ ਨੇ ਪ੍ਰਭੂ ਨਾਮ ਦਿੱਤਾ ਹੈ ਤੇ ਸੇਵਕ ਨੇ ਨਾਮ-ਅੰਮ੍ਰਿਤ ਚੱਖਿਆ ਹੈ,
23429	523	ਸਾਧਾ ਸੰਗੁ ਅਪਾਰੁ ਅਨ ਦਿਨੁ ਹਰਿ ਗੁਣ ਰਵੈ॥		Saadhhaa Sang Apaar Anadhin Har Gun Ravai ||	In the Saadh Sangat, the Company of the Holy, I chant the Glorious Praises of the Lord, night and day.	ਤੇ (ਉਸ ਨੂੰ) ਅਮੋਲਕ ਸਤ-ਸੰਗ (ਮਿਲਿਆ ਹੈ, ਜਿਥੇ) ਹਰ ਵੇਲੇ (ਉਹ ਸੇਵਕ) ਹਰੀ ਦੇ ਗੁਣ ਚੇਤੇ ਕਰਦਾ ਹੈ।

23430	523	ਪਾਏ ਮਨੋਰਥ ਸਭਿ ਜੋਨੀ ਨਹ ਭਵੈ॥		Paaeae Manorathh Sabh Jonee Neh Bhavai ||	I have obtained all my objectives, and I shall not wander in reincarnation again.	ਇੰਜ ਉਸ ਦੇ ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ (ਭਾਵ, ਸਾਰੀਆਂ ਵਾਸ਼ਨਾਂ ਮਿਟ ਜਾਂਦੀਆਂ ਹਨ, ਤੇ) ਉਹ ਜੂਨਾਂ ਵਿਚ ਨਹੀਂ ਭਟਕਦਾ।
23431	523	ਸਭੁ ਕਿਛੁ ਕਰਤੇ ਹਥਿ ਕਾਰਣੁ ਜੋ ਕਰੈ॥		Sabh Kishh Karathae Hathh Kaaran Jo Karai ||	Everything is in the Hands of the Creator; He does what is done.	ਪਰ ਇਹ ਸਾਰੀ ਮੇਹਰ ਕਰਤਾਰ ਦੇ ਹੱਥ ਵਿਚ ਹੈ, ਜੋ ਉਹੀ ਆਪ (ਆਪਣੇ ਲਈ ਸਿਮਰਨ ਦਾ) ਵਸੀਲਾ ਪੈਦਾ ਕਰਦਾ ਹੈ।
23432	523	ਨਾਨਕੁ ਮੰਗੈ ਦਾਨੁ ਸੰਤਾ ਧੂਰਿ ਤਰੈ॥੧॥		Naanak Mangai Dhaan Santhaa Dhhoor Tharai ||1||	Nanak begs for the gift of the dust of the feet of the Holy, which shall deliver him. ||1||	ਨਾਨਕ ਇਹ ਦਾਨ ਮੰਗਦਾ ਹੈ ਕਿ (ਨਾਨਕ ਭੀ) ਸੰਤਾਂ ਦੀ ਚਰਨ-ਧੂੜ ਲੈ ਕੇ (ਭਾਵ, ਸਾਧ ਸੰਗਤ ਵਿਚ ਰਹਿ ਕੇ, ਇਸ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਏ ॥੧॥
23433	523	ਮਃ ੫॥		Ma 5 ||	Fifth Mehl:	
23434	523	ਤਿਸ ਨੋ ਮੰਨਿ ਵਸਾਇ ਜਿਨਿ ਉਪਾਇਆ॥		This No Mann Vasaae Jin Oupaaeiaa ||	Enshrine Him in your mind, the One who created you.	ਉਸ (ਪ੍ਰਭੂ) ਨੂੰ (ਆਪਣੇ) ਮਨ ਵਿਚ ਵਸਾ ਜਿਸ ਨੇ (ਤੈਨੂੰ) ਪੈਦਾ ਕੀਤਾ ਹੈ।
23435	523	ਜਿਨਿ ਜਨਿ ਧਿਆਇਆ ਖਸਮੁ ਤਿਨਿ ਸੁਖੁ ਪਾਇਆ॥		Jin Jan Dhhiaaeiaa Khasam Thin Sukh Paaeiaa ||	Whoever meditates on the Lord and Master obtains peace.	ਜਿਸ ਮਨੁੱਖ ਨੇ ਖਸਮ (-ਪ੍ਰਭੂ) ਨੂੰ ਸਿਮਰਿਆ ਹੈ ਉਸ ਨੇ ਸੁਖ ਪਾਇਆ ਹੈ,

23436	523	ਸਫਲੁ ਜਨਮੁ ਪਰਵਾਨੁ ਗੁਰਮੁਖਿ ਆਇਆ॥		Safal Janam Paravaan Guramukh Aaeiaa ||	Fruitful is the birth, and approved is the coming of the Gurmukh.	ਤੇ ਉਸ ਗੁਰਮੁਖ ਦਾ (ਜਗਤ ਵਿਚ) ਆਉਣਾ ਮੁਬਾਰਿਕ ਹੈ, ਉਸ ਦੀ ਜ਼ਿੰਦਗੀ ਕਾਮਯਾਬ ਹੋ ਗਈ ਹੈ।
23437	523	ਹੁਕਮੈ ਬੁਝਿ ਨਿਹਾਲੁ ਖਸਮਿ ਫੁਰਮਾਇਆ॥	ਬੁੱਝਿ	Hukamai Bujh Nihaal Khasam Furamaaeiaa ||	One who realizes the Hukam of the Lord's Command shall be blessed - so has the Lord and Master ordained.	ਖਸਮ (ਪ੍ਰਭੂ ਨੇ) ਜੋ ਹੁਕਮ ਦਿੱਤਾ, ਉਸ ਹੁਕਮ ਨੂੰ ਸਮਝ ਕੇ ਉਹ (ਗੁਰਮੁਖ) ਸਦਾ ਖਿੜਿਆ ਰਹਿੰਦਾ ਹੈ।
23438	523	ਜਿਸੁ ਹੋਆ ਆਪਿ ਕ੍ਰਿਪਾਲੁ ਸੁ ਨਹ ਭਰਮਾਇਆ॥		Jis Hoaa Aap Kirapaal S Neh Bharamaaeiaa ||	One who is blessed with the Lord's Mercy does not wander.	ਜਿਸ ਮਨੁੱਖ ਤੇ ਪ੍ਰਭੂ ਆਪ ਮੇਹਰਵਾਨ ਹੋਇਆ ਹੈ ਉਹ ਭਟਕਣਾ ਵਿਚ ਨਹੀਂ ਪੈਂਦਾ।
23439	523	ਜੋ ਜੋ ਦਿਤਾ ਖਸਮਿ ਸੋਈ ਸੁਖੁ ਪਾਇਆ॥		Jo Jo Dhithaa Khasam Soee Sukh Paaeiaa ||	Whatever the Lord and Master gives him, with that he is content.	ਖਸਮ (-ਪ੍ਰਭੂ) ਨੇ ਜੋ ਕੁਝ ਉਸ ਨੂੰ ਦਿੱਤਾ, ਉਹ ਉਸ ਨੂੰ ਸੁਖ ਹੀ ਪ੍ਰਤੀਤ ਹੋਇਆ ਹੈ।
23440	523	ਨਾਨਕ ਜਿਸਹਿ ਦਇਆਲੁ ਬੁਝਾਏ ਹੁਕਮੁ ਮਿਤ॥	(ਮਿਤ) ਮਿੱਤਰ ।ਬੁੱਝਾਏ	Naanak Jisehi Dhaeiaal Bujhaaeae Hukam Mith ||	O Nanak, one who is blessed with the kindness of the Lord, our Friend, realizes the Hukam of His Command.	ਹੇ ਨਾਨਕ! ਜਿਸ ਮਨੁੱਖ ਤੇ ਮਿੱਤਰ (ਪ੍ਰਭੂ) ਮੇਹਰਵਾਨ ਹੁੰਦਾ ਹੈ ਉਸ ਨੂੰ ਆਪਣੇ ਹੁਕਮ ਦੀ ਸੂਝ ਬਖ਼ਸ਼ਦਾ ਹੈ,

23441	523	ਜਿਸਹਿ ਭੁਲਾਏ ਆਪਿ ਮਰਿ ਮਰਿ ਜਮਹਿ ਨਿਤ॥੨॥		Jisehi Bhulaaeae Aap Mar Mar Jamehi Nith ||2||	But those whom the Lord Himself causes to wander, continue to die, and take reincarnation again. ||2||	ਪਰ, ਜਿਸ ਜਿਸ ਜੀਵ ਨੂੰ ਭੁੱਲ ਵਿਚ ਪਾਂਦਾ ਹੈ ਉਹ ਨਿੱਤ ਮੁੜ ਮੁੜ ਮਰਦੇ ਜੰਮਦੇ ਰਹਿੰਦੇ ਹਨ ॥੨॥
23442	523	ਪਉੜੀ॥		Pourree ||	Pauree:	
23443	523	ਨਿੰਦਕ ਮਾਰੇ ਤਤਕਾਲਿ ਖਿਨੁ ਟਿਕਣ ਨ ਦਿਤੇ॥		Nindhak Maarae Thathakaal Khin Ttikan N Dhithae ||	The slanderers are destroyed in an instant; they are not spared for even a moment.	(ਗੁਰਮੁਖਾਂ ਦੀ) ਨਿੰਦਿਆ ਕਰਨ ਵਾਲਿਆਂ ਨੂੰ ਪ੍ਰਭੂ ਝੱਟ-ਪੱਟ ਹੀ ਮਾਰ ਦਿਤਾ ਹੈ ਤੇ ਇਕ ਪਲ ਵੀ ਟਿਕਣ ਨਹੀਂ ਦਿਤਾ (ਇਕ ਪਲ ਭਰ ਭੀ ਸ਼ਾਂਤੀ ਨਹੀਂ ਕਰਨ ਦਿੱਤੀ)।
23444	523	ਪ੍ਰਭ ਦਾਸ ਕਾ ਦੁਖੁ ਨ ਖਵਿ ਸਕਹਿ ਫੜਿ ਜੋਨੀ ਜੁਤੇ॥	(ਖਵਿ)ਸਹਾਰ ਨਹੀਂ ਸਕਦੇ। ਪੋਲਾ (ਜੁਤੇ) ਪਵੇ	Prabh Dhaas Kaa Dhukh N Khav Sakehi Farr Jonee Juthae ||	God will not endure the sufferings of His slaves, but catching the slanderers, He binds them to the cycle of reincarnation.	ਪ੍ਰਭੂ ਜੀ ਆਪਣੇ ਦਾਸਾਂ ਦਾ ਦੁੱਖ ਸਹਾਰ ਨਹੀਂ ਸਕਦੇ (ਭਾਵ, ਪ੍ਰਭੂ ਦੀ ਬੰਦਗੀ ਕਰਨ ਵਾਲਿਆਂ ਨੂੰ ਕੋਈ ਦੁੱਖ ਵਿਕਾਰ ਨਹੀਂ ਪੋਂਹਦਾ), ਪਰ ਨਿੰਦਕਾਂ ਨੂੰ ਪ੍ਰਭੂ ਨੇ ਜੂਨ ਵਿਚ ਪਾ ਦਿੱਤਾ ਹੈ।
23445	524	ਮਥੇ ਵਾਲਿ ਪਛਾੜਿਅਨੁ ਜਮ ਮਾਰਗਿ ਮੁਤੇ॥	ਮੱਥੇ ਮੁੱਤੇ	Mathhae Vaal Pashhaarrian Jam Maarag Muthae ||	Grabbing them by the hair on their heads, the Lord throws them down, and leaves them on the path of Death.	(ਨਿੰਦਕਾਂ ਨੂੰ, ਮਾਨੋ,) ਉਸ ਨੇ ਕੇਸਾਂ ਤੋਂ ਫੜ ਕੇ ਭੁੰਞੇ ਪਟਕਾ ਮਾਰਿਆ ਹੈ ਤੇ ਜਮ ਦੇ ਰਾਹ ਤੇ (ਨਿਖਸਮੇ) ਛੱਡ ਦਿੱਤਾ ਹੈ;

23446	524	ਦੁਖਿ ਲਗੈ ਬਿਲਲਾਣਿਆ ਨਰਕਿ ਘੋਰਿ ਸੁਤੇ॥	ਸੁੱਤੇ	Dhukh Lagai Bilalaaniaa Narak Ghor Suthae ||	They cry out in pain, in the darkest of hells.	ਇਸ ਤਰ੍ਹਾਂ ਦੁੱਖ ਲੱਗਣ ਕਰ ਕੇ ਉਹ ਵਿਲਕਦੇ ਹਨ, ਤੇ ਮਾਨੋ, ਘੋਰ ਨਰਕ ਵਿਚ ਜਾ ਪੈਂਦੇ ਹਨ।
23447	524	ਕੰਠਿ ਲਾਇ ਦਾਸ ਰਖਿਅਨੁ ਨਾਨਕ ਹਰਿ ਸਤੇ॥੨੦॥	(ਸਤੇ) ਸੱਚੇ। ਸੱਤੇ	Kanth Laae Dhaas Rakhian Naanak Har Sathae ||20||	But hugging His slaves close to His Heart, O Nanak, the True Lord saves them. ||20||	ਪਰ ਹੇ ਨਾਨਕ! ਸੱਚੇ ਪ੍ਰਭੂ ਨੇ ਆਪਣੇ ਸੇਵਕਾਂ ਨੂੰ (ਵਿਕਾਰਾਂ ਦੁੱਖਾਂ ਤੋਂ, ਮਾਨੋ) ਗਲ ਲਾ ਕੇ ਬਚਾ ਲਿਆ ਹੈ ॥੨੦॥
23448	524	ਸਲੋਕ ਮਃ ੫॥		Salok Ma 5 ||	Shalok, Fifth Mehl:	
23449	524	ਰਾਮੁ ਜਪਹੁ ਵਡਭਾਗੀਹੋ ਜਲਿ ਥਲਿ ਪੂਰਨੁ ਸੋਇ॥		Raam Japahu Vaddabhaageeho Jal Thhal Pooran Soe ||	Meditate on the Lord, O fortunate ones; He is pervading the waters and the earth.	ਹੇ ਵੱਡੇ ਭਾਗਾਂ ਵਾਲਿਓ! ਉਸ ਪ੍ਰਭੂ ਨੂੰ ਜਪੋ ਜੋ ਪਾਣੀ ਵਿਚ, ਧਰਤੀ ਉੱਤੇ (ਹਰ ਥਾਂ) ਮੌਜੂਦ ਹੈ;
23450	524	ਨਾਨਕ ਨਾਮਿ ਧਿਆਇਐ ਬਿਘਨੁ ਨ ਲਾਗੈ ਕੋਇ॥੧॥		Naanak Naam Dhhiaaeiai Bighan N Laagai Koe ||1||	O Nanak, meditate on the Naam, the Name of the Lord, and no misfortune shall strike you. ||1||	ਹੇ ਨਾਨਕ! ਜੇ ਪ੍ਰਭੂ ਦਾ ਨਾਮ ਸਿਮਰੀਏ ਤਾਂ (ਜੀਵਨ ਦੇ ਰਾਹ ਵਿਚ) ਕੋਈ ਰੁਕਾਵਟ ਨਹੀਂ ਪੈਂਦੀ ॥੧॥
23451	524	ਮਃ ੫॥		Ma 5 ||	Fifth Mehl:	
23452	524	ਕੋਟਿ ਬਿਘਨ ਤਿਸੁ ਲਾਗਤੇ ਜਿਸ ਨੋ ਵਿਸਰੈ ਨਾਉ॥		Kott Bighan This Laagathae Jis No Visarai Naao ||	Millions of misfortunes block the way of one who forgets the Name of the Lord.	ਜਿਸ ਮਨੁੱਖ ਨੂੰ ਪਰਮਾਤਮਾ ਦਾ ਨਾਮ ਵਿਸਰ ਜਾਂਦਾ ਹੈ ਉਸ ਨੂੰ ਕ੍ਰੋੜਾਂ ਵਿਘਨ ਆ ਘੇਰਦੇ ਹਨ;

23453	524	ਨਾਨਕ ਅਨ ਦਿਨੁ ਬਿਲਪਤੇ ਜਿਉ ਸੁੰਞੈ ਘਰਿ ਕਾਉ॥੨॥		Naanak Anadhin Bilapathae Jio Sunnjai Ghar Kaao ||2||	O Nanak, like a crow in a deserted house, he cries out, night and day. ||2||	ਹੇ ਨਾਨਕ! (ਅਜੇਹੇ ਬੰਦੇ) ਹਰ ਰੋਜ਼ ਇਉਂ ਵਿਲਕਦੇ ਹਨ ਜਿਵੇਂ ਸੁੰਞੇ ਘਰ ਵਿਚ ਕਾਂ ਲੌਂਦਾ ਹੈ ॥੨॥
23454	524	ਪਉੜੀ॥		Pourree ||	Pauree:	
23455	524	ਸਿਮਰਿ ਸਿਮਰਿ ਦਾਤਾਰੁ ਮਨੋਰਥ ਪੂਰਿਆ॥		Simar Simar Dhaathaar Manorathh Pooriaa ||	Meditating, meditating in remembrance of the Great Giver, one's heart's desires are fulfilled.	ਸਭ ਦਾਤਾਂ ਦੇਣ ਵਾਲੇ ਪਰਮਾਤਮਾ ਨੂੰ ਸਿਮਰ ਸਿਮਰ ਕੇ (ਮਨ ਦੇ) ਮਨੋਰਥ ਪੂਰੇ ਹੋ ਜਾਂਦੇ ਹਨ,
23456	524	ਇਛ ਪੁੰਨੀ ਮਨਿ ਆਸ ਗਏ ਵਿਸੂਰਿਆ॥		Eishh Punnee Man Aas Geae Visooriaa ||	The hopes and desires of the mind are realized, and sorrows are forgotten.	ਮਨ ਵਿਚ (ਉਠਦੀਆਂ) ਆਸਾਂ ਤੇ ਇੱਛਾਂ ਪੂਰੀਆਂ ਹੋ ਜਾਂਦੀਆਂ ਹਨ, ਤੇ (ਦੁਨੀਆ ਵਾਲੇ) ਝੋਰੇ ਮਿਟ ਜਾਂਦੇ ਹਨ।
23457	524	ਪਾਇਆ ਨਾਮੁ ਨਿਧਾਨੁ ਜਿਸ ਨੋ ਭਾਲਦਾ॥		Paaeiaa Naam Nidhhaan Jis No Bhaaladhaa ||	The treasure of the Naam, the Name of the Lord, is obtained; I have searched for it for so long.	ਜੋ 'ਨਾਮ'-ਖ਼ਜ਼ਾਨੇ ਦੀ ਭਾਲ ਵਿਚ ਲੱਗਦਾ ਹੈ ਉਹ ਇਸ ਨੂੰ ਪ੍ਰਾਪਤ ਹੋ ਜਾਂਦਾ ਹੈ,
23458	524	ਜੋਤਿ ਮਿਲੀ ਸੰਗਿ ਜੋਤਿ ਰਹਿਆ ਘਾਲਦਾ॥		Joth Milee Sang Joth Rehiaa Ghaaladhaa ||	My light is merged into the Light, and my labors are over.	ਤੇ ਇਸ ਤਰ੍ਹਾਂ ਆਤਮਾ ਪ੍ਰਭੂ ਦੀ ਜੋਤਿ ਵਿਚ ਲੀਨ ਹੋ ਜਾਂਦੀ ਹੈ ਤੇ (ਮਾਇਆ ਦੀ ਖ਼ਾਤਰ) ਦੌੜ-ਭੱਜ ਭਟਕਣਾ ਰਹਿ ਜਾਂਦੀ ਹੈ,

23459	524	ਸੂਖ ਸਹਜ ਆਨੰਦ ਵੁਠੇ ਤਿਤੁ ਘਰਿ॥		Sookh Sehaj Aanandh Vuthae Thith Ghar ||	I abide in that house of peace, poise and bliss.	ਅਤੇ ਉਹਨ੍ਹਾਂ ਦੇ ਹਿਰਦੇ-ਘਰ ਵਿਚ ਸੁਖ, ਅਡੋਲਤਾ, ਖ਼ੁਸ਼ੀ ਆ ਵੱਸਦੇ ਹਨ,
23460	524	ਆਵਣ ਜਾਣ ਰਹੇ ਜਨਮੁ ਨ ਤਹਾ ਮਰਿ॥		Aavan Jaan Rehae Janam N Thehaa Mar ||	My comings and goings have ended - there is no birth or death there.	ਤੇ ਉਨ੍ਹਾਂ ਦੇ ਜਨਮ ਮਰਨ ਮੁੱਕ ਜਾਂਦੇ ਹਨ, ਓਥੇ ਉਨ੍ਹਾਂ ਲਈ ਕੋਈ ਜਨਮ ਤੇ ਮੌਤ ਨਹੀਂ ਹਨ।
23461	524	ਸਾਹਿਬੁ ਸੇਵਕੁ ਇਕੁ ਇਕੁ ਦ੍ਰਿਸਟਾਇਆ॥		Saahib Saevak Eik Eik Dhrisattaaeiaa ||	The Master and the servant have become one, with no sense of separation.	(ਇਸ ਅਵਸਥਾ ਵਿਚ ਅੱਪੜਿਆ ਹੋਇਆ) ਸੇਵਕ ਤੇ ਮਾਲਕ-ਪ੍ਰਭੂ ਇਕ-ਰੂਪ ਨਜ਼ਰੀਂ ਆਉਂਦੇ ਹਨ।
23462	524	ਗੁਰ ਪ੍ਰਸਾਦਿ ਨਾਨਕ ਸਚਿ ਸਮਾਇਆ ॥੨੧॥੧॥੨॥ਸੁਧੁ		Gur Prasaadh Naanak Sach Samaaeiaa ||21||1||2|| Sudhhu	By Guru's Grace, Nanak is absorbed in the True Lord. ||21||1||2||Sudh||	ਹੇ ਨਾਨਕ! (ਐਸਾ ਸੇਵਕ) ਸਤਿਗੁਰੂ ਦੀ ਕਿਰਪਾ ਨਾਲ ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਲੀਨ ਹੋ ਜਾਂਦਾ ਹੈ ॥੨੧॥੧॥੨॥
23463	524	ਰਾਗੁ ਗੂਜਰੀ ਭਗਤਾ ਕੀ ਬਾਣੀ		Raag Goojaree Bhagathaa Kee Baanee	Raag Goojaree, The Words Of The Devotees:	ਗੂਜਰੀ ਰਾਗ ਵਿੱਚ ਭਗਤਾਂ ਦੀ ਬਾਣੀ।
23464	524	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

23465	524	ਸ੍ਰੀ ਕਬੀਰ ਜੀਉ ਕਾ ਚਉਪਦਾ ਘਰੁ ੨ ਦੂਜਾ॥	ਘਰੁ: ਦੂਜਾ ਦੂਜਾ ਬੋਲੋ	Sree Kabeer Jeeo Kaa Choupadhaa Ghar 2 Dhoojaa ||	Chau-Padas Of Kabeer Jee, Second House:	ਭਗਤ ਕਬੀਰ ਜੀ ਦੀ ਘਰ ੨ ਵਿੱਚ ਚਾਰ-ਬੰਦਾਂ ਵਾਲੀ ਬਾਣੀ।
23466	524	ਚਾਰਿ ਪਾਵ ਦੁਇ ਸਿੰਗ ਗੁੰਗ ਮੁਖ ਤਬ ਕੈਸੇ ਗੁਨ ਗਈਹੈ॥		Chaar Paav Dhue Sing Gung Mukh Thab Kaisae Gun Geehai ||	With four feet, two horns and a mute mouth, how could you sing the Praises of the Lord?	(ਕਿਸੇ ਪਸ਼ੂ-ਜੂਨ ਵਿਚ ਪੈ ਕੇ ਜਦੋਂ ਤੇਰੇ) ਚਾਰ ਪੈਰ ਤੇ ਦੋ ਸਿੰਙ ਹੋਣਗੇ, ਤੇ ਮੂੰਹੋਂ ਗੂੰਗਾ ਹੋਵੇਂਗਾ, ਤਦੋਂ ਤੂੰ ਕਿਸ ਤਰ੍ਹਾਂ ਪ੍ਰਭੂ ਦੇ ਗੁਣ ਗਾ ਸਕੇਂਗਾ?
23467	524	ਊਠਤ ਬੈਠਤ ਠੇਗਾ ਪਰਿਹੈ ਤਬ ਕਤ ਮੂਡ ਲੁਕਈਹੈ॥੧॥	(ਠੇਗਾ) ਸੋਟਾ (ਮੂਡ) ਸਿਰ। ਪਰਿ-ਹੈ।ਲੁਕਈ-ਹੈ ਲੁਕਾਵੇਂਗਾ	Oothath Baithath Thaegaa Parihai Thab Kath Moodd Lukeehai ||1||	Standing up and sitting down, the stick shall still fall on you, so where will you hide your head? ||1||	ਉਠਦਿਆਂ ਬੈਠਦਿਆਂ (ਤੇਰੇ ਸਿਰ ਉੱਤੇ) ਸੋਟਾ ਪਏਗਾ, ਤਦੋਂ ਤੂੰ ਕਿਥੇ ਸਿਰ ਲੁਕਾਏਂਗਾ? ॥੧॥
23468	524	ਹਰਿ ਬਿਨੁ ਬੈਲ ਬਿਰਾਨੇ ਹੁਈਹੈ॥	ਹੁਈ-ਹੈ	Har Bin Bail Biraanae Hueehai ||	Without the Lord, you are like a stray ox;	(ਪ੍ਰਭੂ ਦਾ ਸਿਮਰਨ ਕਰਨ ਤੋਂ ਬਿਨਾ ਬਲਦ (ਆਦਿਕ ਪਸ਼ੂ ਬਣ ਕੇ) ਪਰ-ਅਧੀਨ ਹੋ ਜਾਏਂਗਾ,
23469	524	ਫਾਟੇ ਨਾਕਨ ਟੂਟੇ ਕਾਧਨ ਕੋਦਉ ਕੋ ਭੁਸੁ ਖਈਹੈ॥੧॥ਰਹਾਉ॥	(ਨਾਕਨ) ਨੱਕ। (ਕਾਧਨ) ਮੋਢੇ।ਖਈ-ਹੈ	Faattae Naakan Ttoottae Kaadhhan Kodho Ko Bhus Kheehai ||1|| Rehaao ||	With your nose torn, and your shoulders injured, you shall have only the straw of coarse grain to eat. ||1||Pause||	(ਨੱਥ ਨਾਲ) ਨੱਕ ਵਿੰਨ੍ਹਿਆ ਜਾਏਗਾ, ਕੰਨ (ਜੂਲੇ ਨਾਲ) ਫਿੱਸੇ ਹੋਏ ਹੋਣਗੇ ਤੇ ਕੋਧਰੇ ਦਾ ਭੋਹ ਖਾਏਂਗਾ ॥੧॥ ਰਹਾਉ ॥

23470	524	ਸਾਰੋ ਦਿਨੁ ਡੋਲਤ ਬਨ ਮਹੀਆ ਅਜਹੁ ਨ ਪੇਟ ਅਘਈਹੈ॥	(ਡੋਲਤ) ਫਿਰਦਾ। (ਮਹੀਆ) ਵਿੱਚ।ਅ-ਘਈਹੈ	Saaro Dhin Ddolath Ban Meheeaa Ajahu N Paett Agheehai ||	All day long, you shall wander in the forest, and even then, your belly will not be full.	ਜੰਗਲ (ਜੂਹ) ਵਿਚ ਸਾਰਾ ਦਿਨ ਭਟਕਦਿਆਂ ਭੀ ਪੇਟ ਨਹੀਂ ਰੱਜੇਗਾ।
23471	524	ਜਨ ਭਗਤਨ ਕੋ ਕਹੋ ਨ ਮਾਨੋ ਕੀਓ ਅਪਨੋ ਪਈਹੈ॥੨॥	ਪਈ-ਹੈ	Jan Bhagathan Ko Keho N Maano Keeou Apano Peehai ||2||	You did not follow the advice of the humble devotees, and so you shall obtain the fruits of your actions. ||2||	ਹੁਣ ਐਸ ਵੇਲੇ ਤੂੰ ਭਗਤ ਜਨਾਂ ਦਾ ਬਚਨ ਨਹੀਂ ਮੰਨਦਾ, (ਉਮਰ ਵਿਹਾ ਜਾਣ ਤੇ) ਆਪਣਾ ਕੀਤਾ ਪਾਏਂਗਾ ॥੨॥
23472	524	ਦੁਖ ਸੁਖ ਕਰਤ ਮਹਾ ਭ੍ਰਮਿ ਬੂਡੋ ਅਨਿਕ ਜੋਨਿ ਭਰਮਈਹੈ॥	ਭਰਮਈ-ਹੈ	Dhukh Sukh Karath Mehaa Bhram Booddo Anik Jon Bharameehai ||	Enduring pleasure and pain, drowned in the great ocean of doubt, you shall wander in numerous reincarnations.	ਹੁਣ ਭੈੜੇ ਹਾਲ ਵਿਚ ਦਿਨ ਗੁਜ਼ਾਰ ਕੇ ਕੁਰਾਹੇ ਗ਼ਰਕ ਹੋਇਆ ਹੋਇਆ ਹੈਂ, (ਆਖ਼ਰ) ਅਨੇਕਾਂ ਜੂਨਾਂ ਵਿਚ ਭਟਕੇਂਗਾ।
23473	524	ਰਤਨ ਜਨਮੁ ਖੋਇਓ ਪ੍ਰਭੁ ਬਿਸਰਿਓ ਇਹੁ ਅਉਸਰੁ ਕਤ ਪਈਹੈ॥੩॥	ਪਈ-ਹੈ	Rathan Janam Khoeiou Prabh Bisariou Eihu Aousar Kath Peehai ||3||	You have lost the jewel of human birth by forgetting God; when will you have such an opportunity again? ||3||	ਤੂੰ ਪ੍ਰਭੂ ਨੂੰ ਵਿਸਾਰ ਦਿੱਤਾ ਹੈ, ਤੇ ਸ੍ਰੇਸ਼ਟ ਮਨੁੱਖਾ ਜਨਮ ਗੰਵਾ ਲਿਆ ਹੈ, ਇਹ ਸਮਾ ਫੇਰ ਕਿਤੇ ਨਹੀਂ ਮਿਲੇਗਾ ॥੩॥

23474	524	ਭ੍ਰਮਤ ਫਿਰਤ ਤੇਲਕ ਕੇ ਕਪਿ ਜਿਉ ਗਤਿ ਬਿਨੁ ਰੈਨਿ ਬਿਹਈਹੈ॥	(ਤੇਲਕ) ਤ੍ਰੇਲ ਦੇ ਕਿਣਕੇ। (ਕਪਿ) ਬਾਂਦਰ। ਬਿ-ਹਈਹੈ	Bhramath Firath Thaelak Kae Kap Jio Gath Bin Rain Biheehai ||	You turn on the wheel of reincarnation, like an ox at the oil-press; the night of your life passes away without salvation.	ਤੇਰੀ ਜ਼ਿੰਦਗੀ-ਰੂਪ ਸਾਰੀ ਰਾਤ ਤੇਲੀ ਦੇ ਬਲਦ ਅਤੇ ਬਾਂਦਰ ਵਾਂਗ ਭਟਕਦਿਆਂ ਵਿਕਾਰਾਂ ਤੋਂ ਖ਼ਲਾਸੀ ਹਾਸਲ ਕਰਨ ਤੋਂ ਬਿਨਾ ਹੀ ਲੰਘ ਜਾਇਗੀ।
23475	524	ਕਹਤ ਕਬੀਰ ਰਾਮ ਨਾਮ ਬਿਨੁ ਮੂੰਡ ਧੁਨੇ ਪਛੁਤਈਹੈ॥੪॥੧॥	(ਧੁਨੇ) ਪਸਚਾਤਾਪ ਵਿੱਚ ਸਿਰ ਮਾਰਨਾ। ਪਛੁਤਈ-ਹੈ	Kehath Kabeer Raam Naam Bin Moondd Dhhunae Pashhutheehai ||4||1||	Says Kabeer, without the Name of the Lord, you shall pound your head, and regret and repent. ||4||1||	ਕਬੀਰ ਆਖਦਾ ਹੈ ਕਿ ਪ੍ਰਭੂ ਦਾ ਨਾਮ ਭੁਲਾ ਕੇ ਆਖ਼ਰ ਸਿਰ ਮਾਰ ਮਾਰ ਕੇ ਪਛਤਾਵੇਂਗਾ ॥੪॥੧॥
23476	524	ਗੂਜਰੀ ਘਰੁ ੩॥		Goojaree Ghar 3 ||	Goojaree, Third House:	
23477	524	ਮੁਸਿ ਮੁਸਿ ਰੋਵੈ ਕਬੀਰ ਕੀ ਮਾਈ॥		Mus Mus Rovai Kabeer Kee Maaee ||	Kabeer's mother sobs, cries and bewails	ਕਬੀਰ ਦੀ ਮਾਂ (ਕਬੀਰ ਆਖਦਾ ਹੈ ਕਿ ਮੇਰੀ ਮਾਂ) ਡੁਸਕ ਡੁਸਕ ਕੇ ਰੋਂਦੀ ਹੈ,
23478	524	ਏ ਬਾਰਿਕ ਕੈਸੇ ਜੀਵਹਿ ਰਘੁਰਾਈ॥੧॥		Eae Baarik Kaisae Jeevehi Raghuraaee ||1||	- O Lord, how will my grandchildren live? ||1||	(ਤੇ ਆਖਦੀ ਹੈ-) ਹੇ ਪਰਮਾਤਮਾ! (ਕਬੀਰ ਦੇ) ਇਹ ਅੰਞਾਣੇ ਬਾਲ ਕਿਵੇਂ ਜੀਊਣਗੇ? ॥੧॥
23479	524	ਤਨਨਾ ਬੁਨਨਾ ਸਭੁ ਤਜਿਓ ਹੈ ਕਬੀਰ॥		Thananaa Bunanaa Sabh Thajiou Hai Kabeer ||	Kabeer has given up all his spinning and weaving,	(ਕਿਉਂਕਿ ਮੇਰੇ) ਕਬੀਰ ਨੇ (ਤਾਣਾ) ਤਣਨਾ ਤੇ (ਕੱਪੜਾ) ਉਣਨਾ ਸਭ ਕੁੱਝ ਛੱਡ ਦਿੱਤਾ ਹੈ,

23480	524	ਹਰਿ ਕਾ ਨਾਮੁ ਲਿਖਿ ਲੀਓ ਸਰੀਰ॥੧॥ਰਹਾਉ॥		Har Kaa Naam Likh Leeou Sareer ||1|| Rehaao ||	And written the Name of the Lord on his body. ||1||Pause||	ਤੇ ਹਰ ਵੇਲੇ ਹਰੀ ਦਾ ਨਾਮ ਜਪਦਾ ਰਹਿੰਦਾ ਹੈ ॥੧॥ ਰਹਾਉ ॥
23481	524	ਜਬ ਲਗੁ ਤਾਗਾ ਬਾਹਉ ਬੇਹੀ॥	(ਬੇਹੀ) ਨਲੀ ਦਾ ਛੇਕ।ਲੱਗੁ	Jab Lag Thaagaa Baaho Baehee ||	As long as I pass the thread through the bobbin,	ਜਿਤਨਾ ਚਿਰ ਮੈਂ ਨਾਲ ਦੇ ਛੇਕ ਵਿਚ ਧਾਗਾ ਵਹਾਉਂਦਾ ਹਾਂ;
23482	524	ਤਬ ਲਗੁ ਬਿਸਰੈ ਰਾਮੁ ਸਨੇਹੀ॥੨॥	(ਸਨੇਹੀ) ਪਿਆਰਾ	Thab Lag Bisarai Raam Sanaehee ||2||	I forget the Lord, my Beloved. ||2||	ਉਤਨਾ ਚਿਰ ਮੈਨੂੰ ਮੇਰਾ ਪਿਆਰਾ ਪ੍ਰਭੂ ਵਿਸਰ ਜਾਂਦਾ ਹੈ (ਭਾਵ, ਮੈਨੂੰ ਇਤਨਾ ਚਿਰ ਭੀ ਪ੍ਰਭੂ ਵਿਸਾਰਨਾ ਨਹੀਂ ਭਾਉਂਦਾ) ॥੨॥
23483	524	ਓਛੀ ਮਤਿ ਮੇਰੀ ਜਾਤਿ ਜੁਲਾਹਾ॥		Oushhee Math Maeree Jaath Julaahaa ||	My intellect is lowly - I am a weaver by birth,	(ਕੀਹ ਹੋਇਆ ਜੇ ਲੋਕਾਂ ਦੇ ਭਾਣੇ) ਮੇਰੀ ਛੋਟੀ ਜਿਹੀ ਅਕਲ ਹੈ ਤੇ ਮੈਂ ਜਾਤ ਦਾ (ਨੀਵਾਂ ਗ਼ਰੀਬ) ਜੁਲਾਹਾ ਹਾਂ,
23484	524	ਹਰਿ ਕਾ ਨਾਮੁ ਲਹਿਓ ਮੈ ਲਾਹਾ ॥੩॥		Har Kaa Naam Lehiou Mai Laahaa ||3||	But I have earned the profit of the Name of the Lord. ||3||	ਪਰ ਮੈਂ ਪਰਮਾਤਮਾ ਦਾ ਨਾਮ-ਰੂਪ ਨਫ਼ਾ (ਇਸ ਮਨੁੱਖਾ-ਜਨਮ ਦੇ ਵਪਾਰ ਵਿਚ) ਖੱਟ ਲਿਆ ਹੈ ॥੩॥
23485	524	ਕਹਤ ਕਬੀਰ ਸੁਨਹੁ ਮੇਰੀ ਮਾਈ॥		Kehath Kabeer Sunahu Maeree Maaee ||	Says Kabeer, listen, O my mother	ਕਬੀਰ ਆਖਦਾ ਹੈ: ਹੇ ਮੇਰੀ ਮਾਂ! ਸੁਣ,

23486	524	ਹਮਰਾ ਇਨ ਕਾ ਦਾਤਾ ਏਕੁ ਰਘੁਰਾਈ॥੪॥੨॥		Hamaraa Ein Kaa Dhaathaa Eaek Raghuraaee ||4||2||	- the Lord alone is the Provider, for me and my children. ||4||2||	ਸਾਡਾ ਤੇ ਸਾਡੇ ਇਹਨਾਂ ਬੱਚਿਆਂ ਦਾ ਰਿਜ਼ਕ ਦੇਣ ਵਾਲਾ ਇਕੋ ਹੀ ਪਰਮਾਤਮਾ ਹੈ ॥੪॥੨॥
23487	525	ਗੂਜਰੀ ਸ੍ਰੀ ਨਾਮਦੇਵ ਜੀ ਕੇ ਪਦੇ ਘਰੁ ੧		Goojaree Sree Naamadhaev Jee Kae Padhae Ghar 1	Goojaree, Padas Of Naam Dayv Jee, First House:	ਰਾਗ ਗੂਜਰੀ ਵਿੱਚ ਭਗਤ ਨਾਮਦੇਵ ਜੀ ਦੀ ਬੰਦਾਂ ਵਾਲੀ ਬਾਣੀ।
23488	525	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
23489	525	ਜੌ ਰਾਜੁ ਦੇਹਿ ਤ ਕਵਨ ਬਡਾਈ॥		Ja Raaj Dhaehi Th Kavan Baddaaee ||	If You gave me an empire, then what glory would be in it for me?	ਜੇ (ਪ੍ਰਭੂ) ਤੂੰ ਮੈਨੂੰ ਰਾਜ (ਭੀ) ਦੇ ਦੇਵੇਂ, ਤਾਂ ਮੈਂ ਕਿਸੇ ਗੱਲੇ ਵੱਡਾ ਨਹੀਂ ਹੋ ਜਾਵਾਂਗਾ,
23490	525	ਜੌ ਭੀਖ ਮੰਗਾਵਹਿ ਤ ਕਿਆ ਘਟਿ ਜਾਈ॥੧॥		Ja Bheekh Mangaavehi Th Kiaa Ghatt Jaaee ||1||	If You made me beg for charity, what would it take away from me? ||1||	ਤੇ ਜੇ ਤੂੰ ਮੈਨੂੰ ਕੰਗਾਲ ਕਰ ਦੇਵੇਂ, ਤਾਂ ਮੇਰਾ ਕੁਝ ਘਟ ਨਹੀਂ ਜਾਣਾ ॥੧॥
23491	525	ਤੂੰ ਹਰਿ ਭਜੁ ਮਨ ਮੇਰੇ ਪਦੁ ਨਿਰਬਾਨੁ॥		Thoon Har Bhaj Man Maerae Padh Nirabaan ||	Meditate and vibrate upon the Lord, O my mind, and you shall obtain the state of Nirvaanaa.	ਹੇ ਮੇਰੇ ਮਨ! ਤੂੰ ਇੱਕ ਪ੍ਰਭੂ ਨੂੰ ਸਿਮਰ; ਉਹੀ ਵਾਸ਼ਨਾ-ਰਹਿਤ ਅਵਸਥਾ (ਦੇਣ ਵਾਲਾ) ਹੈ,

23492	525	ਬਹੁਰਿ ਨ ਹੋਇ ਤੇਰਾ ਆਵਨ ਜਾਨੁ॥੧॥ਰਹਾਉ॥		Bahur N Hoe Thaeraa Aavan Jaan ||1|| Rehaao ||	You shall not have to come and go in reincarnation any longer. ||1||Pause||	(ਉਸ ਦਾ ਸਿਮਰਨ ਕੀਤਿਆਂ) ਫਿਰ ਤੇਰਾ (ਜਗਤ ਵਿਚ) ਜੰਮਣਾ ਮਰਨਾ ਮਿਟ ਜਾਇਗਾ ॥੧॥ ਰਹਾਉ ॥
23493	525	ਸਭ ਤੈ ਉਪਾਈ ਭਰਮ ਭੁਲਾਈ॥	ਤੈਂ	Sabh Thai Oupaaee Bharam Bhulaaee ||	You created all, and You lead them astray in doubt.	(ਹੇ ਪ੍ਰਭੂ!) ਸਾਰੀ ਸ੍ਰਿਸ਼ਟੀ ਤੂੰ ਆਪ ਹੀ ਪੈਦਾ ਕੀਤੀ ਹੈ, ਤੇ ਭਰਮਾਂ ਵਿਚ ਕੁਰਾਹੇ ਪਾਈ ਹੋਈ ਹੈ,
23494	525	ਜਿਸ ਤੂੰ ਦੇਵਹਿ ਤਿਸਹਿ ਬੁਝਾਈ॥੨॥		Jis Thoon Dhaevehi Thisehi Bujhaaee ||2||	They alone understand, unto whom You give understanding. ||2||	ਜਿਸ ਜੀਵ ਨੂੰ ਤੂੰ ਆਪ ਮੱਤ ਦੇਂਦਾ ਹੈਂ ਉਸੇ ਨੂੰ ਮੱਤ ਆਉਂਦੀ ਹੈ ॥੨॥
23495	525	ਸਤਿਗੁਰੁ ਮਿਲੈ ਤ ਸਹਸਾ ਜਾਈ॥		Sathigur Milai Th Sehasaa Jaaee ||	Meeting the True Guru, doubt is dispelled.	ਸਤਿਗੁਰੂ ਮਿਲ ਪਏ ਤਾਂ ਦਿਲ ਦੀ ਘਬਰਾਹਟ ਦੂਰ ਹੋ ਜਾਂਦੀ ਹੈ।
23496	525	ਕਿਸੁ ਹਉ ਪੂਜਉ ਦੂਜਾ ਨਦਰਿ ਨ ਆਈ ॥੩॥		Kis Ho Poojo Dhoojaa Nadhar N Aaee ||3||	Who else should I worship? I can see no other. ||3||	ਪ੍ਰਭੂ ਤੋਂ ਬਿਨਾ ਕੋਈ ਹੋਰ (ਦੁੱਖ ਸੁਖ ਦੇਣ ਵਾਲਾ) ਮੈਨੂੰ ਦਿੱਸਦਾ ਹੀ ਨਹੀਂ, (ਇਸ ਵਾਸਤੇ) ਮੈਂ ਕਿਸੇ ਹੋਰ ਦੀ ਪੂਜਾ ਨਹੀਂ ਕਰਦਾ ॥੩॥
23497	525	ਏਕੈ ਪਾਥਰ ਕੀਜੈ ਭਾਉ॥		Eaekai Paathhar Keejai Bhaao ||	One stone is lovingly decorated,	ਇਕ ਪੱਥਰ (ਨੂੰ ਦੇਵਤਾ ਬਣਾ ਕੇ ਉਸ) ਨਾਲ ਪਿਆਰ ਕੀਤਾ ਜਾਂਦਾ ਹੈ,
23498	525	ਦੂਜੈ ਪਾਥਰ ਧਰੀਐ ਪਾਉ॥		Dhoojai Paathhar Dhhareeai Paao ||	While another stone is walked upon.	ਤੇ ਦੂਜੇ ਪੱਥਰਾਂ ਉੱਤੇ ਪੈਰ ਧਰਿਆ ਜਾਂਦਾ ਹੈ।

23499	525	ਜੇ ਓਹੁ ਦੇਉ ਤ ਓਹੁ ਭੀ ਦੇਵਾ॥		Jae Ouhu Dhaeo Th Ouhu Bhee Dhaevaa ||	If one is a god, then the other must also be a god.	ਜੇ ਉਹ ਪੱਥਰ (ਜਿਸ ਦੀ ਪੂਜਾ ਕੀਤੀ ਜਾਂਦੀ ਹੈ) ਦੇਵਤਾ ਹੈ ਤਾਂ ਦੂਜਾ ਪੱਥਰ ਭੀ ਦੇਵਤਾ ਹੈ।
23500	525	ਕਹਿ ਨਾਮਦੇਉ ਹਮ ਹਰਿ ਕੀ ਸੇਵਾ॥੪॥੧॥		Kehi Naamadhaeo Ham Har Kee Saevaa ||4||1||	Says Naam Dayv, I serve the Lord. ||4||1||	ਨਾਮਦੇਉ ਆਖਦਾ ਹੈ: ਅਸੀਂ ਤਾਂ ਪਰਮਾਤਮਾ ਦੀ ਹੀ ਬੰਦਗੀ ਕਰਦੇ ਹਾਂ ॥੪॥੧॥
23501	525	ਗੂਜਰੀ ਘਰੁ ੧॥		Goojaree Ghar 1 ||	Goojaree, First House:	
23502	525	ਮਲੈ ਨ ਲਾਛੈ ਪਾਰ ਮਲੋ ਪਰਮਲੀਓ ਬੈਠੋ ਰੀ ਆਈ॥	(ਲਾਛੈ)ਚਿੰਨ੍, ਪ੍ਰੇਮਾ-ਭਗਤੀ ਰੂਪੀ ਸੁਗੰਧੀ ਦੇ ਨਿਵਾਸ। (ਪਰਮਲੀਓ) ਬਾਵਨ ਚੰਦਨ ਰੂਪੀ ਬ੍ਰਹਮ ਜੀ, ਦਾਸਨ ਦਾਸੀ ਦੇ ਮਨ ਚ ਆ ਬੈਠੇ ਹਨ	Malai N Laashhai Paar Malo Paramaleeou Baitho Ree Aaee ||	He does not have even a trace of impurity - He is beyond impurity. He is fragrantly scented - He has come to take His Seat in my mind.	ਹੇ ਭੈਣ! ਉਸ ਸੋਹਣੇ ਰਾਮ ਨੂੰ ਮੈਲ ਦਾ ਦਾਗ਼ ਤੱਕ ਨਹੀਂ ਹੈ, ਉਹ ਮੈਲ ਤੋਂ ਪਰੇ ਹੈ, ਉਹ ਤਾਂ (ਫੁਲਾਂ ਦੀ) ਸੁਗੰਧੀ (ਵਾਂਗ) ਸਭ ਜੀਵਾਂ ਵਿਚ ਆ ਕੇ ਵੱਸਦਾ ਹੈ।
23503	525	ਆਵਤ ਕਿਨੈ ਨ ਪੇਖਿਓ ਕਵਨੈ ਜਾਣੈ ਰੀ ਬਾਈ॥੧॥		Aavath Kinai N Paekhiou Kavanai Jaanai Ree Baaee ||1||	No one saw Him come - who can know Him, O Siblings of Destiny? ||1||	ਹੇ ਭੈਣ! ਉਸ ਸੋਹਣੇ ਰਾਮ ਨੂੰ ਕਦੇ ਕਿਸੇ ਨੇ ਜੰਮਦਾ ਨਹੀਂ ਵੇਖਿਆ, ਕੋਈ ਨਹੀਂ ਜਾਣਦਾ ਕਿ ਉਹ ਕਿਹੋ ਜਿਹਾ ਹੈ ॥੧॥

23504	525	ਕਉਣੁ ਕਹੈ ਕਿਨਿ ਬੂਝੀਐ ਰਮਈਆ ਆਕੁਲੁ ਰੀ ਬਾਈ॥੧॥ਰਹਾਉ॥	ਬੂੱਝੀਐ। ਰ-ਮਈਆ	Koun Kehai Kin Boojheeai Rameeaa Aakul Ree Baaee ||1|| Rehaao ||	Who can describe Him? Who can understand Him? The all-pervading Lord has no ancestors, O Siblings of Destiny. ||1||Pause||	ਹੇ ਭੈਣ! ਮੇਰਾ ਸੋਹਣਾ ਰਾਮ ਹਰ ਥਾਂ ਵਿਆਪਕ ਹੈ, ਪਰ ਕੋਈ ਜੀਵ ਭੀ (ਉਸ ਦਾ ਮੁਕੰਮਲ ਸਰੂਪ) ਬਿਆਨ ਨਹੀਂ ਕਰ ਸਕਦਾ, ਕਿਸੇ ਨੇ ਭੀ (ਉਸ ਦੇ ਮੁਕੰਮਲ ਸਰੂਪ ਨੂੰ) ਨਹੀਂ ਸਮਝਿਆ ॥੧॥ ਰਹਾਉ ॥
23505	525	ਜਿਉ ਆਕਾਸੈ ਪੰਖੀਅਲੋ ਖੋਜੁ ਨਿਰਖਿਓ ਨ ਜਾਈ॥	(ਨਿਰਖਿਓ) ਦੇਖਣਾ	Jio Aakaasai Pankheealo Khoj Nirakhiou N Jaaee ||	As the path of a bird's flight across the sky cannot be seen,	ਜਿਵੇਂ ਆਕਾਸ਼ ਵਿਚ ਪੰਛੀ ਉੱਡਦਾ ਹੈ, ਪਰ ਉਸ ਦੇ ਉੱਡਣ ਵਾਲੇ ਰਸਤੇ ਦਾ ਖੁਰਾ-ਖੋਜ ਵੇਖਿਆ ਨਹੀਂ ਜਾ ਸਕਦਾ;
23506	525	ਜਿਉ ਜਲ ਮਾਝੈ ਮਾਛਲੋ ਮਾਰਗੁ ਪੇਖਣੋ ਨ ਜਾਈ ॥੨॥		Jio Jal Maajhai Maashhalo Maarag Paekhano N Jaaee ||2||	And the path of a fish through the water cannot be seen;||2||	ਜਿਵੇਂ ਮੱਛੀ ਪਾਣੀ ਵਿਚ ਤਰਦੀ ਹੈ, ਪਰ (ਜਿਸ ਰਸਤੇ ਤਰਦੀ ਹੈ) ਉਹ ਰਾਹ ਵੇਖਿਆ ਨਹੀਂ ਜਾ ਸਕਦਾ (ਭਾਵ, ਅੱਖਾਂ ਅੱਗੇ ਕਾਇਮ ਨਹੀਂ ਕੀਤਾ ਜਾ ਸਕਦਾ, ਤਿਵੇਂ ਉਸ ਪ੍ਰਭੂ ਦਾ ਮੁਕੰਮਲ ਸਰੂਪ ਬਿਆਨ ਨਹੀਂ ਹੋ ਸਕਦਾ) ॥੨॥
23507	525	ਜਿਉ ਆਕਾਸੈ ਘੜੂਅਲੋ ਮ੍ਰਿਗ ਤ੍ਰਿਸਨਾ ਭਰਿਆ॥		Jio Aakaasai Gharrooalo Mrig Thrisanaa Bhariaa ||	As the mirage leads one to mistake the sky for a pitcher filled with water	ਜਿਵੇਂ ਖੁਲ੍ਹੇ ਥਾਂ ਮ੍ਰਿਗ ਤ੍ਰਿਸ਼ਨਾ ਦਾ ਜਲ ਦਿੱਸਦਾ ਹੈ (ਅਗਾਂਹ ਅਗਾਂਹ ਤੁਰੇ ਜਾਈਏ, ਪਰ ਉਸ ਦਾ ਟਿਕਾਣਾ ਲੱਭਦਾ ਨਹੀਂ, ਇਸੇ ਤਰ੍ਹਾਂ ਪ੍ਰਭੂ ਦਾ ਖ਼ਾਸ ਟਿਕਾਣਾ ਨਹੀਂ ਲੱਭਦਾ)।

23508	525	ਨਾਮੇ ਚੇ ਸੁਆਮੀ ਬੀਠਲੋ ਜਿਨਿ ਤੀਨੈ ਜਰਿਆ॥੩॥੨॥		Naamae Chae Suaamee Beethalo Jin Theenai Jariaa ||3||2||	- so is God, the Lord and Master of Naam Dayv, who fits these three comparisons. ||3||2||	ਨਾਮਦੇਵ ਦੇ ਖਸਮ ਬੀਠਲ ਜੀ ਐਸੇ ਹਨ ਜਿਸ ਨੇ ਮੇਰੇ ਤਿੰਨੇ ਤਾਪ ਸਾੜ ਦਿੱਤੇ ਹਨ ॥੩॥੨॥
23509	525	ਗੂਜਰੀ ਸ੍ਰੀ ਰਵਿਦਾਸ ਜੀ ਕੇ ਪਦੇ ਘਰੁ ੩		Goojaree Sree Ravidhaas Jee Kae Padhae Ghar 3	Goojaree, Padas Of Ravi Daas Jee, Third House:	ਰਾਗ ਗੂਜਰੀ, ਘਰ ੩ ਵਿੱਚ ਭਗਤ ਰਵਿਦਾਸ ਜੀ ਦੀ ਬੰਦਾਂ ਵਾਲੀ ਬਾਣੀ।
23510	525	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
23511	525	ਦੂਧੁ ਤ ਬਛਰੈ ਥਨਹੁ ਬਿਟਾਰਿਓ॥		Dhoodhh Th Bashharai Thhanahu Bittaariou ||	The calf has contaminated the milk in the teats.	ਦੁੱਧ ਤਾਂ ਥਣਾਂ ਤੋਂ ਹੀ ਵੱਛੇ ਨੇ ਜੂਠਾ ਕਰ ਦਿੱਤਾ;
23512	525	ਫੂਲੁ ਭਵਰਿ ਜਲੁ ਮੀਨਿ ਬਿਗਾਰਿਓ॥੧॥		Fool Bhavar Jal Meen Bigaariou ||1||	The bumble bee has contaminated the flower, and the fish the water. ||1||	ਫੁੱਲ ਭੌਰੇ ਨੇ (ਸੁੰਘ ਕੇ) ਤੇ ਪਾਣੀ ਮੱਛੀ ਨੇ ਖ਼ਰਾਬ ਕਰ ਦਿੱਤਾ (ਸੋ, ਦੁੱਧ ਫੁੱਲ ਪਾਣੀ ਇਹ ਤਿੰਨੇ ਹੀ ਜੂਠੇ ਹੋ ਜਾਣ ਕਰਕੇ ਪ੍ਰਭੂ ਅੱਗੇ ਭੇਟ ਕਰਨ ਜੋਗੇ ਨਾ ਰਹਿ ਗਏ) ॥੧॥
23513	525	ਮਾਈ ਗੋਬਿੰਦ ਪੂਜਾ ਕਹਾ ਲੈ ਚਰਾਵਉ॥	ਚਰ੍ਾਵਉ	Maaee Gobindh Poojaa Kehaa Lai Charaavo ||	O mother, where shall I find any offering for the Lord's worship?	ਹੇ ਮਾਂ! ਗੋਬਿੰਦ ਦੀ ਪੂਜਾ ਕਰਨ ਲਈ ਮੈਂ ਕਿਥੋਂ ਕੋਈ ਚੀਜ਼ ਲੈ ਕੇ ਭੇਟ ਕਰਾਂ? ਕੋਈ ਹੋਰ (ਸੁੱਚਾ) ਫੁੱਲ (ਆਦਿਕ ਮਿਲ) ਨਹੀਂ (ਸਕਦਾ)।

23514	525	ਅਵਰੁ ਨ ਫੂਲੁ ਅਨੂਪੁਨ ਪਾਵਉ॥੧॥ਰਹਾਉ॥	(ਅਨੂਪੁਨ)ਉਪਮਾ ਰਹਿਤ ਸੁੰਦਰ ਹਨ, ਭਾਵ ਇਤਨੇ ਸੁੰਦਰ ਸਰੂਪ ਹਨ ਕਿ ਉਪਮਾ ਹੋ ਹੀ ਨਹੀਂ ਸਕਦੀ, ਭਾਵੇਂ ਸਾਰੇ ਬ੍ਰਹਮੰਡ ਜੀਅ ਪੂਰਨ ਸੰਤ ਹਰ ਸਮੇਂ ਉਪਮਾ ਕਰ ਰਹੇ ਹਨ, ਸਗੋਂ ਉਪਮਾ ਹੋਰ ਵਧਦੀ ਵਧਦੀ ਵਧਦੀ ਹੀ ਜਾਂਦੀ ਹੈ	Avar N Fool Anoop N Paavo ||1|| Rehaao ||	I cannot find any other flowers worthy of the incomparable Lord. ||1||Pause||	ਕੀ ਮੈਂ (ਇਸ ਘਾਟ ਕਰ ਕੇ) ਉਸ ਸੋਹਣੇ ਪ੍ਰਭੂ ਨੂੰ ਪ੍ਰਾਪਤ ਨਹੀਂ ਕਰ ਸਕਾਂਗਾ? ॥੧॥ ਰਹਾਉ ॥
23515	525	ਮੈਲਾਗਰ ਬੇਰੇ ਹੈ ਭੁਇਅੰਗਾ॥	(ਮੈਲਾਗਰ)ਬਾਵਨ ਚੰਦਨ। (ਬੇਰੇ)ਵਲੇ ਹੋਏ, ਭੁਇਅੰਗਾਸੱਪਾਂ ਨੇ	Mailaagar Baerhae Hai Bhueiangaa ||	The snakes encircle the sandalwood trees.	ਚੰਦਨ ਦੇ ਬੂਟਿਆਂ ਨੂੰ ਸੱਪ ਚੰਬੜੇ ਹੋਏ ਹਨ (ਤੇ ਉਹਨਾਂ ਨੇ ਚੰਦਨ ਨੂੰ ਜੂਠਾ ਕਰ ਦਿੱਤਾ ਹੈ),
23516	525	ਬਿਖੁ ਅੰਮ੍ਰਿਤੁ ਬਸਹਿ ਇਕ ਸੰਗਾ॥੨॥		Bikh Anmrith Basehi Eik Sangaa ||2||	Poison and nectar dwell there together. ||2||	ਜ਼ਹਿਰ ਤੇ ਅੰਮ੍ਰਿਤ (ਭੀ ਸਮੁੰਦਰ ਵਿਚ) ਇਕੱਠੇ ਹੀ ਵੱਸਦੇ ਹਨ ॥੨॥
23517	525	ਧੂਪ ਦੀਪ ਨਈਬੇਦਹਿ ਬਾਸਾ॥	ਦੇਵਤੇ ਨੂੰ ਨਿਵੇਦਨ ਅਰਪਿਆ (ਨਈਬੇਦਹਿ) ਮਿੱਠਾ ਭੋਜਨ। (ਬਾਸਾ) ਵਾਸਨਾ, ਸੁਗੰਧੀ	Dhhoop Dheep Neebaedhehi Baasaa ||	Even with incense, lamps, offerings of food and fragrant flowers,	ਸੁਗੰਧੀ ਆ ਜਾਣ ਕਰ ਕੇ ਧੂਪ ਦੀਪ ਤੇ ਨੈਵੇਦ ਭੀ (ਜੂਠੇ ਹੋ ਜਾਂਦੇ ਹਨ),

23518	525	ਕੈਸੇ ਪੂਜ ਕਰਹਿ ਤੇਰੀ ਦਾਸਾ॥੩॥		Kaisae Pooj Karehi Thaeree Dhaasaa ||3||	How are Your slaves to worship You? ||3||	(ਫਿਰ ਹੇ ਪ੍ਰਭੂ! ਜੇ ਤੇਰੀ ਪੂਜਾ ਇਹਨਾਂ ਚੀਜ਼ਾਂ ਨਾਲ ਹੀ ਹੋ ਸਕਦੀ ਹੋਵੇ, ਤਾਂ ਇਹ ਜੂਠੀਆਂ ਚੀਜ਼ਾਂ ਤੇਰੇ ਅੱਗੇ ਰੱਖ ਕੇ) ਤੇਰੇ ਭਗਤ ਕਿਸ ਤਰ੍ਹਾਂ ਤੇਰੀ ਪੂਜਾ ਕਰਨ? ॥੩॥
23519	525	ਤਨੁ ਮਨੁ ਅਰਪਉ ਪੂਜ ਚਰਾਵਉ॥	ਚਰ੍ਹਾਵਉ	Than Man Arapo Pooj Charaavo ||	I dedicate and offer my body and mind to You.	(ਹੇ ਪ੍ਰਭੂ!) ਮੈਂ ਆਪਣਾ ਤਨ ਤੇ ਮਨ ਅਰਪਣ ਕਰਦਾ ਹਾਂ, ਤੇਰੀ ਪੂਜਾ ਵਜੋਂ ਭੇਟ ਕਰਦਾ ਹਾਂ;
23520	525	ਗੁਰ ਪਰਸਾਦਿ ਨਿਰੰਜਨੁ ਪਾਵਉ॥੪॥		Gur Parasaadh Niranjan Paavo ||4||	By Guru's Grace, I attain the immaculate Lord. ||4||	(ਇਸੇ ਭੇਟਾ ਨਾਲ ਹੀ) ਸਤਿਗੁਰ ਦੀ ਮਿਹਰ ਦੀ ਬਰਕਤਿ ਨਾਲ ਤੈਨੂੰ ਮਾਇਆ-ਰਹਿਤ ਨੂੰ ਲੱਭ ਸਕਦਾ ਹਾਂ ॥੪॥
23521	525	ਪੂਜਾ ਅਰਚਾ ਆਹਿ ਨ ਤੋਰੀ॥	ਅਰਚਾ ਆਦਰ ਸਤਿਕਾਰ	Poojaa Arachaa Aahi N Thoree ||	I cannot worship You, nor offer You flowers.	(ਹੇ ਪ੍ਰਭੂ! ਜੇ ਸੁੱਚੇ ਦੁੱਧ, ਫੁੱਲ, ਧੂਪ, ਚੰਦਨ ਤੇ ਨੈਵੇਦ ਆਦਿਕ ਦੀ ਭੇਟਾ ਨਾਲ ਹੀ ਤੇਰੀ ਪੂਜਾ ਹੋ ਸਕਦੀ ਤਾਂ ਕਿਤੇ ਭੀ ਇਹ ਸ਼ੈਆਂ ਸੁੱਚੀਆਂ ਨਾਹ ਮਿਲਣ ਕਰ ਕੇ) ਮੈਥੋਂ ਤੇਰੀ ਪੂਜਾ ਤੇ ਤੇਰੀ ਭਗਤੀ ਹੋ ਹੀ ਨਾਹ ਸਕਦੀ,
23522	525	ਕਹਿ ਰਵਿਦਾਸ ਕਵਨ ਗਤਿ ਮੋਰੀ॥੫॥੧॥		Kehi Ravidhaas Kavan Gath Moree ||5||1||	Says Ravi Daas, what shall my condition be hereafter? ||5||1||	ਰਵਿਦਾਸ ਆਖਦਾ ਹੈ, ਤਾਂ ਫਿਰ (ਹੇ ਪ੍ਰਭੂ!) ਮੇਰਾ ਕੀਹ ਹਾਲ ਹੁੰਦਾ? ॥੫॥੧॥

23523	525	ਗੂਜਰੀ ਸ੍ਰੀ ਤ੍ਰਿਲੋਚਨ ਜੀਉ ਕੇ ਪਦੇ ਘਰੁ ੧		Goojaree Sree Thrilochan Jeeo Kae Padhae Ghar 1	Goojaree, Padas Of Trilochan Jee, First House:	ਰਾਗ ਗੂਜਰੀ, ਘਰ ੧ ਵਿੱਚ ਭਗਤ ਤ੍ਰਿਲੋਚਨ ਜੀ ਦੀ ਬੰਦਾਂ ਵਾਲੀ ਬਾਣੀ।
23524	525	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
23525	525	ਅੰਤਰੁ ਮਲਿ ਨਿਰਮਲੁ ਨਹੀ ਕੀਨਾ ਬਾਹਰਿ ਭੇਖ ਉਦਾਸੀ॥		Anthar Mal Niramal Nehee Keenaa Baahar Bhaekh Oudhaasee ||	You have not cleansed the filth from within yourself, although outwardly, you wear the dress of a renunciate.	ਜੇ (ਕਿਸੇ ਮਨੁੱਖ ਨੇ) ਅੰਦਰਲਾ ਮਲੀਨ (ਮਨ) ਸਾਫ਼ ਨਹੀਂ ਕੀਤਾ, ਪਰ ਬਾਹਰ (ਸਰੀਰ ਉਤੇ) ਸਾਧੂਆਂ ਵਾਲਾ ਬਾਣਾ ਪਾਇਆ ਹੋਇਆ ਹੈ,
23526	525	ਹਿਰਦੈ ਕਮਲੁ ਘਟਿ ਬ੍ਰਹਮੁ ਨ ਚੀਨ੍ਹਾ ਕਾਹੇ ਭਇਆ ਸੰਨਿਆਸੀ॥੧॥		Hiradhai Kamal Ghatt Breham N Cheenhaa Kaahae Bhaeiaa Sanniaasee ||1||	In the heart-lotus of your self, you have not recognized God - why have you become a Sannyaasee? ||1||	ਜੇ ਉਸ ਨੇ ਆਪਣੇ ਹਿਰਦੇ-ਰੂਪ ਕਉਲ ਨੂੰ ਨਹੀਂ ਪਰਖਿਆ, ਜੇ ਉਸ ਨੇ ਆਪਣੇ ਅੰਦਰ ਪਰਮਾਤਮਾ ਨਹੀਂ ਵੇਖਿਆ, ਤਾਂ ਸੰਨਿਆਸ ਧਾਰਨ ਕਰਨ ਦਾ ਕੋਈ ਲਾਭ ਨਹੀਂ ॥੧॥
23527	526	ਭਰਮੇ ਭੂਲੀ ਰੇ ਜੈਚੰਦਾ॥		Bharamae Bhoolee Rae Jai Chandhaa ||	Deluded by doubt, O Jai Chand,	ਹੇ ਜੈ ਚੰਦ! ਸਾਰੀ ਲੋਕਾਈ (ਇਸੇ ਭੁਲੇਖੇ ਵਿਚ) ਭੁੱਲੀ ਪਈ ਹੈ (ਕਿ ਨਿਰਾ ਫ਼ਕੀਰੀ ਭੇਖ ਧਾਰਿਆਂ ਪਰਮਾਤਮਾ ਮਿਲ ਪੈਂਦਾ ਹੈ),

23528	526	ਨਹੀ ਨਹੀ ਚੀਨ੍ਹਿਆ ਪਰਮਾਨੰਦਾ॥੧॥ਰਹਾਉ॥		Nehee Nehee Cheenihaaa Paramaanandhaa ||1|| Rehaao ||	You have not realized the Lord, the embodiment of supreme bliss. ||1||Pause||	ਇਸ ਤਰ੍ਹਾਂ ਪਰਮਾਨੰਦ ਨੂੰ ਪ੍ਰਭੂ ਦੀ ਸੋਝੀ ਕਦੇ ਭੀ ਨਹੀਂ ਪੈਂਦੀ ॥੧॥ ਰਹਾਉ ॥
23529	526	ਘਰਿ ਘਰਿ ਖਾਇਆ ਪਿੰਡੁ ਬਧਾਇਆ ਖਿੰਥਾ ਮੁੰਦਾ ਮਾਇਆ॥	(ਪਿੰਡੁ) ਦੇਹ। (ਮੁੰਦਾ) ਮੁੰਦ੍ਰਾ	Ghar Ghar Khaaeiaa Pindd Badhhaaeiaa Khinthhaa Mundhaa Maaeiaa ||	You eat in each and every house, fattening your body; you wear the patched coat and the ear-rings of the beggar, for the sake of wealth.	(ਜਿਸ ਮਨੁੱਖ ਨੇ) ਘਰ ਘਰ ਤੋਂ (ਮੰਗ ਕੇ ਟੁੱਕਰ) ਖਾ ਲਿਆ, (ਆਪਣੇ) ਸਰੀਰ ਨੂੰ ਚੰਗਾ ਪਾਲ ਲਿਆ, ਗੋਦੜੀ ਪਹਿਨ ਲਈ, ਮੁੰਦ੍ਰਾਂ ਭੀ ਪਾ ਲਈਆਂ, (ਪਰ ਸਭ ਕੁਝ) ਮਾਇਆ ਦੀ ਖ਼ਾਤਰ ਹੀ (ਕੀਤਾ),
23530	526	ਭੂਮਿ ਮਸਾਣ ਕੀ ਭਸਮ ਲਗਾਈ ਗੁਰ ਬਿਨੁ ਤਤੁ ਨ ਪਾਇਆ॥੨॥		Bhoom Masaan Kee Bhasam Lagaaee Gur Bin Thath N Paaeiaa ||2||	You apply the ashes of cremation to your body, but without a Guru, you have not found the essence of reality. ||2||	ਮਸਾਣਾਂ ਦੀ ਧਰਤੀ ਦੀ ਸੁਆਹ ਭੀ (ਪਿੰਡੇ) ਮਲ ਲਈ, ਪਰ ਜੇ ਉਹ ਗੁਰੂ ਦੇ ਰਾਹ ਤੇ ਨਹੀਂ ਤੁਰਿਆ ਤਾਂ ਇਸ ਤਰ੍ਹਾਂ ਤੱਤ ਦੀ ਪ੍ਰਾਪਤੀ ਨਹੀਂ ਹੁੰਦੀ ॥੨॥
23531	526	ਕਾਇ ਜਪਹੁ ਰੇ ਕਾਇ ਤਪਹੁ ਰੇ ਕਾਇ ਬਿਲੋਵਹੁ ਪਾਣੀ॥	(ਬਿਲੋਵਹੁ) ਰਿੜਕੋ	Kaae Japahu Rae Kaae Thapahu Rae Kaae Bilovahu Paanee ||	Why bother to chant your spells? Why bother to practice austerities? Why bother to churn water?	ਕਿਉਂ (ਗਿਣੇ ਮਿਥੇ) ਜਪ ਕਰਦੇ ਹੋ? ਕਿਉਂ ਤਪ ਸਾਧਦੇ ਹੋ? ਕਾਹਦੇ ਲਈ ਪਾਣੀ ਰਿੜਕਦੇ ਹੋ? (ਹਠ ਨਾਲ ਕੀਤੇ ਹੋਏ ਇਹ ਸਾਧਨ ਤਾਂ ਪਾਣੀ ਰਿੜਕਣ ਸਮਾਨ ਹਨ);

23532	526	ਲਖ ਚਉਰਾਸੀਹ ਜਿਨਿ ਉਪਾਈ ਸੋ ਸਿਮਰਹੁ ਨਿਰਬਾਣੀ॥੩॥		Lakh Chouraaseeh Jinih Oupaaee So Simarahu Nirabaanee ||3||	Meditate on the Lord of Nirvaanaa, who has created the 8.4 million species of beings. ||3||	ਉਸ ਵਾਸ਼ਨਾ-ਰਹਿਤ ਪ੍ਰਭੂ ਨੂੰ (ਹਰ ਵੇਲੇ) ਯਾਦ ਕਰੋ, ਜਿਸ ਨੇ ਚੌਰਾਸੀ ਲੱਖ (ਜੋਨਿ ਵਾਲੀ ਸ੍ਰਿਸ਼ਟੀ) ਪੈਦਾ ਕੀਤੀ ਹੈ ॥੩॥
23533	526	ਕਾਇ ਕਮੰਡਲੁ ਕਾਪੜੀਆ ਰੇ ਅਠਸਠਿ ਕਾਇ ਫਿਰਾਹੀ॥	ਅੱਠਸੱਠਿ	Kaae Kamanddal Kaaparreeaa Rae Athasath Kaae Firaahee ||	Why bother to carry the water-pot, O saffron-robed Yogi? Why bother to visit the sixty-eight holy places of pilgrimage?	ਹੇ ਕਾਪੜੀਏ! (ਹੱਥ ਵਿਚ) ਖੱਪਰ ਕਾਹਦੇ ਲਈ ਪਕੜਦਾ ਹੈਂ ਤੇ ਅਠਾਹਠ ਤੀਰਥਾਂ ਤੇ ਭਟਕਣ ਫਿਰਦਾ ਹੈਂ (ਇੰਜ ਕਰਨ ਦਾ ਕੋਈ ਲਾਭ ਨਹੀਂ)?
23534	526	ਬਦਤਿ ਤ੍ਰਿਲੋਚਨੁ ਸੁਨੁ ਰੇ ਪ੍ਰਾਣੀ ਕਣ ਬਿਨੁ ਗਾਹੁ ਕਿ ਪਾਹੀ॥੪॥੧॥	(ਬਦਤਿ) ਆਖਦੇ	Badhath Thrilochan Sun Rae Praanee Kan Bin Gaahu K Paahee ||4||1||	Says Trilochan, listen, mortal: you have no corn - what are you trying to thresh? ||4||1||	ਤ੍ਰਿਲੋਚਨ ਆਖਦਾ ਹੈ: ਹੇ ਬੰਦੇ! ਸੁਣ! ਜੇ (ਭਰੀਆਂ ਵਿਚ) ਅੰਨ ਦੇ ਦਾਣੇ ਨਹੀਂ, ਤਾਂ ਗਾਹ ਪਾਣ ਦਾ ਕੋਈ ਲਾਭ ਨਹੀਂ ॥੪॥੧॥
23535	526	ਗੂਜਰੀ॥		Goojaree ||	Goojaree:	
23536	526	ਅੰਤਿ ਕਾਲਿ ਜੋ ਲਛਮੀ ਸਿਮਰੈ ਐਸੀ ਚਿੰਤਾ ਮਹਿ ਜੇ ਮਰੈ॥		Anth Kaal Jo Lashhamee Simarai Aisee Chinthaa Mehi Jae Marai ||	At the very last moment, one who thinks of wealth, and dies in such thoughts,	ਜੋ ਮਨੁੱਖ ਮਰਨ ਵੇਲੇ ਧਨ-ਪਦਾਰਥ ਚੇਤੇ ਕਰਦਾ ਹੈ ਤੇ ਇਸੇ ਸੋਚ ਵਿਚ ਹੀ ਮਰ ਜਾਂਦਾ ਹੈ,

23537	526	ਸਰਪ ਜੋਨਿ ਵਲਿ ਵਲਿ ਅਉਤਰੈ॥੧॥	(ਵਲਿ ਵਲਿ) ਵਾਰ ਵਾਰ।ਵਲਿ ਵਲਿ:ਪੋਲਾ ਬੋਲੋ। (ਅਉਤਰੈ) ਜਨਮ ਧਾਰਦਾ ਹੈ।ਅਉਤਰੈ:ਪੋਲਾ ਬੋਲੋ	Sarap Jon Val Val Aoutharai ||1||	Shall be reincarnated over and over again, in the form of serpents. ||1||	ਉਹ ਮੁੜ ਮੁੜ ਸੱਪ ਦੀ ਜੂਨੇ ਪੈਂਦਾ ਹੈ ॥੧॥
23538	526	ਅਰੀ ਬਾਈ ਗੋਬਿਦ ਨਾਮੁ ਮਤਿ ਬੀਸਰੈ॥ਰਹਾਉ॥		Aree Baaee Gobidh Naam Math Beesarai || Rehaao ||	O sister, do not forget the Name of the Lord of the Universe. ||Pause||	ਹੇ ਭੈਣ! (ਮੇਰੇ ਲਈ ਅਰਦਾਸ ਕਰ) ਮੈਨੂੰ ਕਦੇ ਪਰਮਾਤਮਾ ਦਾ ਨਾਮ ਨਾਹ ਭੁੱਲੇ (ਤਾਂ ਜੁ ਅੰਤ ਵੇਲੇ ਭੀ ਉਹ ਪਰਮਾਤਮਾ ਹੀ ਚੇਤੇ ਆਵੇ) ਰਹਾਉ॥
23539	526	ਅੰਤਿ ਕਾਲਿ ਜੋ ਇਸਤ੍ਰੀ ਸਿਮਰੈ ਐਸੀ ਚਿੰਤਾ ਮਹਿ ਜੇ ਮਰੈ॥		Anth Kaal Jo Eisathree Simarai Aisee Chinthaa Mehi Jae Marai ||	At the very last moment, he who thinks of women, and dies in such thoughts,	ਜੋ ਮਨੁੱਖ ਮਰਨ ਸਮੇਂ (ਆਪਣੀ) ਇਸਤ੍ਰੀ ਨੂੰ ਹੀ ਯਾਦ ਕਰਦਾ ਹੈ ਤੇ ਇਸੇ ਯਾਦ ਵਿਚ ਪ੍ਰਾਣ ਤਿਆਗ ਦੇਂਦਾ ਹੈ,
23540	526	ਬੇਸਵਾ ਜੋਨਿ ਵਲਿ ਵਲਿ ਅਉਤਰੈ॥੨॥		Baesavaa Jon Val Val Aoutharai ||2||	Shall be reincarnated over and over again as a prostitute. ||2||	ਉਹ ਮੁੜ ਮੁੜ ਵੇਸਵਾ ਦਾ ਜਨਮ ਲੈਂਦਾ ਹੈ ॥੨॥
23541	526	ਅੰਤਿ ਕਾਲਿ ਜੋ ਲੜਿਕੇ ਸਿਮਰੈ ਐਸੀ ਚਿੰਤਾ ਮਹਿ ਜੇ ਮਰੈ॥		Anth Kaal Jo Larrikae Simarai Aisee Chinthaa Mehi Jae Marai ||	At the very last moment, one who thinks of his children, and dies in such thoughts,	ਜੋ ਮਨੁੱਖ ਅੰਤ ਵੇਲੇ (ਆਪਣੇ) ਪੁੱਤ੍ਰਾਂ ਨੂੰ ਹੀ ਯਾਦ ਕਰਦਾ ਹੈ ਤੇ ਪੁੱਤ੍ਰਾਂ ਨੂੰ ਯਾਦ ਕਰਦਾ ਕਰਦਾ ਹੀ ਮਰ ਜਾਂਦਾ ਹੈ,

23542	526	ਸੂਕਰ ਜੋਨਿ ਵਲਿ ਵਲਿ ਅਉਤਰੈ॥੩॥		Sookar Jon Val Val Aoutharai ||3||	Shall be reincarnated over and over again as a pig. ||3||	ਉਹ ਸੂਰ ਦੀ ਜੂਨੇ ਮੁੜ ਮੁੜ ਜੰਮਦਾ ਹੈ ॥੩॥
23543	526	ਅੰਤਿ ਕਾਲਿ ਜੋ ਮੰਦਰ ਸਿਮਰੈ ਐਸੀ ਚਿੰਤਾ ਮਹਿ ਜੇ ਮਰੈ॥		Anth Kaal Jo Mandhar Simarai Aisee Chinthaa Mehi Jae Marai ||	At the very last moment, one who thinks of mansions, and dies in such thoughts,	ਜੋ ਮਨੁੱਖ ਅਖ਼ੀਰ ਵੇਲੇ (ਆਪਣੇ) ਘਰ ਮਹਲ-ਮਾੜੀਆਂ ਦੇ ਹਾਹੁਕੇ ਲੈਂਦਾ ਹੈ ਤੇ ਇਹਨਾਂ ਹਾਹੁਕਿਆਂ ਵਿਚ ਸਰੀਰ ਛੱਡ ਜਾਂਦਾ ਹੈ,
23544	526	ਪ੍ਰੇਤ ਜੋਨਿ ਵਲਿ ਵਲਿ ਅਉਤਰੈ॥੪॥		Praeth Jon Val Val Aoutharai ||4||	Shall be reincarnated over and over again as a goblin. ||4||	ਉਹ ਮੁੜ ਮੁੜ ਪ੍ਰੇਤ ਬਣਦਾ ਹੈ ॥੪॥
23545	526	ਅੰਤਿ ਕਾਲਿ ਨਾਰਾਇਣੁ ਸਿਮਰੈ ਐਸੀ ਚਿੰਤਾ ਮਹਿ ਜੇ ਮਰੈ॥		Anth Kaal Naaraaein Simarai Aisee Chinthaa Mehi Jae Marai ||	At the very last moment, one who thinks of the Lord, and dies in such thoughts,	ਤ੍ਰਿਲੋਚਨ ਆਖਦਾ ਹੈ, ਜੋ ਮਨੁੱਖ ਅੰਤ ਸਮੇਂ ਪਰਮਾਤਮਾ ਨੂੰ ਯਾਦ ਕਰਦਾ ਹੈ ਤੇ ਇਸ ਯਾਦ ਵਿਚ ਟਿਕਿਆ ਹੋਇਆ ਹੀ ਚੋਲਾ ਤਿਆਗਦਾ ਹੈ,
23546	526	ਬਦਤਿ ਤਿਲੋਚਨੁ ਤੇ ਨਰ ਮੁਕਤਾ ਪੀਤੰਬਰੁ ਵਾ ਕੇ ਰਿਦੈ ਬਸੈ॥੫॥੨॥		Badhath Thilochan Thae Nar Mukathaa Peethanbar Vaa Kae Ridhai Basai ||5||2||	Says Trilochan, that man shall be liberated; the Lord shall abide in his heart. ||5||2||	ਉਹ ਮਨੁੱਖ (ਧਨ, ਇਸਤ੍ਰੀ, ਪੁੱਤਰ ਤੇ ਘਰ ਆਦਿਕ ਦੇ ਮੋਹ ਤੋਂ) ਆਜ਼ਾਦ ਹੋ ਜਾਂਦਾ ਹੈ, ਉਸ ਦੇ ਹਿਰਦੇ ਵਿਚ ਪਰਮਾਤਮਾ ਆਪ ਆ ਵੱਸਦਾ ਹੈ ॥੫॥੨॥

23547	526	ਗੂਜਰੀ ਸ੍ਰੀ ਜੈਦੇਵ ਜੀਉ ਕਾ ਪਦਾ ਘਰੁ ੪		Goojaree Sree Jaidhaev Jeeo Kaa Padhaa Ghar 4	Goojaree, Padas Of Jai Dayv Jee, Fourth House:	ਰਾਗ ਗੂਜਰੀ, ਘਰ ੪ ਵਿੱਚ ਭਗਤ ਜੈਦੇਵ ਜੀ ਦੀ ਬੰਦਾਂ ਵਾਲੀ ਬਾਣੀ।
23548	526	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
23549	526	ਪਰਮਾਦਿ ਪੁਰਖ ਮਨੋਪਿਮੰ ਸਤਿ ਆਦਿ ਭਾਵ ਰਤੰ॥	(ਪਰਮਾਦਿ)ਵੱਡੇ ਮੁੱਢ ਸਰੂਪ। ਮਨੋ-ਪਿਮੰ	Paramaadh Purakhamanopima n Sath Aadh Bhaav Rathan ||	In the very beginning, was the Primal Lord, unrivalled, the Lover of Truth and other virtues.	ਉਹ ਪਰਮਾਤਮਾ ਸਭ ਤੋਂ ਉੱਚੀ ਹਸਤੀ ਹੈ, ਸਭ ਦਾ ਮੂਲ ਹੈ, ਸਭ ਵਿਚ ਵਿਆਪਕ ਹੈ, ਉਸ ਵਰਗਾ ਹੋਰ ਕੋਈ ਨਹੀਂ, ਉਸ ਵਿਚ ਥਿਰਤਾ ਆਦਿਕ (ਸਾਰੇ) ਗੁਣ ਮੌਜੂਦ ਹਨ।
23550	526	ਪਰਮਦਭੁਤੰ ਪਰਕ੍ਰਿਤਿ ਪਰੰ ਜਦਿ ਚਿੰਤਿ ਸਰਬ ਗਤੰ॥੧॥	ਪਰਮਦ-ਭੁਤੰ ।(ਪਰਮ) ਵੱਡੇ (ਭੁਤੰ) ਅਸਚਰਜ ਸਰੂਪ ਹਨ।ਪਰ-ਕ੍ਰਿਤਿ।(ਪਰਕ੍ਰਿਤਿ) ਮਾਇਆ ਤੋਂ। (ਪਰੰ) ਪਰੇ ਹਨ। (ਜਦਿ) ਜੇਕਰ। (ਚਿੰਤਿ) ਚਿੰਤਨ ਕਰੇ। ਤਦ ਸਾਰਿਆਂ ਚ, (ਗਤੰ) ਪ੍ਰਾਪਤ ਸਰੂਪ ਹਨ।	Paramadhabhutha n Parakirath Paran Jadhichinth Sarab Gathan ||1||	He is absolutely wonderful, transcending creation; remembering Him, all are emancipated. ||1||	ਉਹ ਪ੍ਰਭੂ ਬਹੁਤ ਹੀ ਅਸਚਰਜ ਹੈ, ਮਾਇਆ ਤੋਂ ਪਰੇ ਹੈ, ਉਸ ਦਾ ਮੁਕੰਮਲ ਸਰੂਪ ਸੋਚ-ਮੰਡਲ ਵਿਚ ਨਹੀਂ ਆ ਸਕਦਾ, ਅਤੇ ਉਹ ਹਰ ਥਾਂ ਅੱਪੜਿਆ ਹੋਇਆ ਹੈ ॥੧॥
23551	526	ਕੇਵਲ ਰਾਮ ਨਾਮ ਮਨੋਰਮੰ॥	(ਮਨੋਰ-ਮੰ) ਸੁੰਦਰ	Kaeval Raam Naam Manoraman ||	Dwell only upon the beauteous Name of the Lord,	ਕੇਵਲ ਪਰਮਾਤਮਾ ਦਾ ਸੁੰਦਰ ਨਾਮ ਸਿਮਰ,

23552	526	ਬਦਿ ਅੰਮ੍ਰਿਤ ਤਤ ਮਇਅੰ॥		Badh Anmrith Thath Maeian ||	The embodiment of ambrosial nectar and reality.	ਜੋ ਅੰਮ੍ਰਿਤ-ਭਰਪੂਰ ਹੈ, ਜੋ ਅਸਲੀਅਤ-ਰੂਪ ਹੈ,
23553	526	ਨ ਦਨੋਤਿ ਜ ਸਮਰਣੇਨ ਜਨਮ ਜਰਾਧਿ ਮਰਣ ਭਇਅੰ॥੧॥ਰਹਾਉ॥	ਸਮਰ-ਣੇਨ। ਜਿਨ੍ਹਾਂ ਦਾ (ਸਮਰ-ਣੇਨ) ਭਜਨ ਕਰਕੇ। (ਜਰਾਧਿ) ਬੁਢੇਪੇ ਆਧੀ ਬਿਆਧੀ। ਜਨਮ ਮਰਨ ਭੈ ਦੀ(ਦਨੋਤਿ) ਪੀੜਾ। ਨ ਨਹੀਂ (ਭਇਅੰ)ਹੁੰਦੀ, ।	N Dhanoth Jasamaranaen Janam Jaraadhh Maran Bhaeian ||1|| Rehaao ||	Remembering Him in meditation, the fear of birth, old age and death will not trouble you. ||1||Pause||	ਅਤੇ ਜਿਸ ਦੇ ਸਿਮਰਨ ਨਾਲ ਜਨਮ ਮਰਨ, ਬੁਢੇਪਾ, ਚਿੰਤਾ, ਫ਼ਿਕਰ ਅਤੇ ਮੌਤ ਦਾ ਡਰ ਦੁੱਖ ਨਹੀਂ ਦੇਂਦਾ ॥੧॥ ਰਹਾਉ ॥
23554	526	ਇਛਸਿ ਜਮਾਦਿ ਪਰਾਭਯੰ ਜਸੁ ਸ੍ਵਸਤਿ ਸੁਕ੍ਰਿਤ ਕ੍ਰਿਤੰ॥	ਜੇ (ਇੱਛਸਿ) ਇੱਛਾ। (ਜਮਾਦਿ) ਜਮਾਂ ਆਦਿਕਾਂ ਦੀ (ਪਰਾ-ਭਯੰ) ਨਿਰਾਦਰੀ ਕਰਨ ਦੀ। ਯ ਤਾਲੂ ਤੋਂ ਬੋਲੋ। ਤਾਂ (ਸ੍ਵਸਤਿ) ਕਲਿਆਣ ਸਰੂਪ ਪ੍ਰਮੇਸਰ ਦਾ ਜਸੁ। (ਸੁ-ਕ੍ਰਿਤ) ਸ੍ਰੇਸਟ ਕ੍ਰਿਤ। (ਕ੍ਰਿਤੰ) ਕਰਨਾ ਕਰੇ	Eishhas Jamaadh Paraabhayan Jas Svasath Sukirath Kirathan ||	If you desire to escape the fear of the Messenger of Death, then praise the Lord joyfully, and do good deeds.	ਜੇ ਤੂੰ ਜਮ ਆਦਿਕ ਨੂੰ ਜਿੱਤਣਾ ਚਾਹੁੰਦਾ ਹੈਂ, ਜੇ ਤੂੰ ਸੋਭਾ ਤੇ ਸੁਖ ਚਾਹੁੰਦਾ ਹੈਂ ਤਾਂ ਸ਼ੁਭ ਕਾਰਜ ਕਰ; ਤੇ ਉਸ ਪ੍ਰਭੂ ਦੀ ਸਰਨ ਪਉ ਜੋ ਸਭ ਨੂੰ ਨਾਸ ਕਰਨ ਦੇ ਸਮਰੱਥ ਹੈ,

23555	526	ਭਵ ਭੂਤ ਭਾਵ ਸਮਬ੍ਯਿਅੰ ਪਰਮੰ ਪ੍ਰਸੰਨ ਮਿਦੰ॥੨॥	(ਭਵ) ਵਰਤਮਾਨ ਕਾਲ। (ਭੂਤ)ਭੂਤ ਕਾਲ,ਤਿੰਨਾਂ ਸਮਿਆਂ ਚ। ਸ-ਮੱਬਿਅੰ। (ਸਮਬ੍ਯਿਅੰ) ਸਮਾਇ ਅਵਿਨਾਸੀ ਭਾਵ ਪ੍ਰੇਮ ਪ੍ਰਕਾਸ਼ ਸਰੂਪ। (ਮਿਦੰ) ਇਹ।	Bhav Bhooth Bhaav Samabiyaan Paraman Prasannamidhan ||2||	In the past, present and future, He is always the same; He is the embodiment of supreme bliss. ||2||	ਜੋ ਹੁਣ ,ਪਿਛਲੇ ਸਮੇ ਤੇ ਅਗਾਂਹ ਲਈ ਸਦਾ ਹੀ ਪੂਰਨ ਤੌਰ ਤੇ ਨਾਸ-ਰਹਿਤ ਹੈ ਜੋ ਸਭ ਤੋਂ ਉੱਚੀ ਹਸਤੀ ਹੈ, ਤੇ ਜੋ ਸਦਾ ਖਿੜਿਆ ਰਹਿੰਦਾ ਹੈ ॥੨॥
23556	526	ਲੋਭਾਦਿ ਦ੍ਰਿਸਟਿ ਪਰ ਗ੍ਰਿਹੰ ਜਦਿ ਬਿਧਿ ਆਚਰਣੰ॥	ਲੋਭ ਆਦਿਕਾਂ ਦਾ ਤਿਆਗ, ਪਰਾਏ ਘਰਾਂ ਦੀ ਦ੍ਰਿਸਟੀ ਦਾ ਤਿਆਗ, ਜੇਕਰ ਇਸ ਬਿਧੀ ਦੇ (ਆ-ਚਰਣੰ) ਕਰਤੱਬ ਕਰੇ। ਦ੍ਰਿ ਸਟਿ	Lobhaadh Dhrisatt Par Grihan Jadhibidhh Aacharanan ||	If you seek the path of good conduct, forsake greed, and do not look upon other men's property and women.	ਲੋਭ ਆਦਿਕ (ਵਿਕਾਰ) ਛੱਡ ਦੇਹ, ਪਰਾਏ ਘਰ ਵਲ ਤੱਕਣਾ ਛੱਡ ਦੇ, ਉਹ ਆਚਰਨ ਤਜ ਦੇਹ ਜੋ ਮਰਯਾਦਾ ਦੇ ਉਲਟ ਹੈ,
23557	526	ਤਜਿ ਸਕਲ ਦੁਹਕ੍ਰਿਤ ਦੁਰਮਤੀ ਭਜੁ ਚਕ੍ਰਧਰ ਸਰਣੰ॥੩॥	ਦੁਹ-ਕ੍ਰਿਤ। (ਦੁਹ-ਕ੍ਰਿਤ)ਖੋਟੀ ਕ੍ਰਿਤ ਤੇ ਖੋਟੇ ਪੁਰਸ਼ਾਂ ਦੀ ਸਿੱਖਿਆ। (ਤਜਿ) ਤਿਆਗੇ। ਚੱਕ੍ਰ-ਧਰ। (ਚਕ੍ਰਧਰ) ਚੱਕ੍ਰਧਾਰੀ ਪ੍ਰਮੇਸਰ ਦੀ। (ਸਰਣੰ) ਸਰਨ ਲਵੇ।	Thaj Sakal Dhuhakirath Dhuramathee Bhaj Chakradhhar Saranan ||3||	Renounce all evil actions and evil inclinations, and hurry to the Sanctuary of the Lord. ||3||	ਸਾਰੇ ਮੰਦੇ ਕੰਮ ਛੱਡ ਦੇਹ, ਹੁਰਮਤਿ ਤਿਆਗ ਦੇਹ, ਤੇ ਪ੍ਰਭੂ ਦੀ ਸ਼ਰਨ ਭਜ ਤੇ ਕਰ ॥੩॥

23558	526	ਹਰਿ ਭਗਤ ਨਿਜ ਨਿਹਕੇਵਲਾ ਰਿਦ ਕਰਮਣਾ ਬਚਸਾ॥	(ਨਿਹਕੇਵਲਾ)ਸ਼ੁੱਧ ਸਰੂਪਇੱਕੋ ਇੱਕ ਹਰੀ ਜੀ ਦੀ ਪ੍ਰੇਮਾ-ਭਗਤੀ। (ਰਿਦ) ਮਨ। (ਕਰਮਣਾ)ਸ੍ਰੀਰ ਕਰਕੇ ਕਰੇ। (ਬਚਸਾ) ਬਾਣੀ।	Har Bhagath Nij Nihakaevalaa Ridh Karamanaa Bachasaa ||	Worship the immaculate Lord, in thought, word and deed.	ਪਰਮਾਤਮਾ ਦੇ ਪਿਆਰੇ ਭਗਤ ਮਨ ਬਚਨ ਅਤੇ ਕਰਮ ਤੋਂ ਪਵਿਤ੍ਰ ਹੁੰਦੇ ਹਨ (ਭਾਵ, ਭਗਤਾਂ ਦਾ ਮਨ ਪਵਿਤ੍ਰ, ਬੋਲ ਪਵਿਤ੍ਰ ਅਤੇ ਕੰਮ ਵੀ ਪਵਿਤ੍ਰ ਹੁੰਦੇ ਹਨ)।
23559	526	ਜੋਗੇਨ ਕਿੰ ਜਗੇਨ ਕਿੰ ਦਾਨੇਨ ਕਿੰ ਤਪਸਾ॥੪॥	(ਜੋਗੇਨ) ਜੋਗ ਚ (ਕਿੰ) ਕੀ ਹੈ? (ਜੱਗੇਨ) ਜੱਗਾਂ ਚ (ਕਿੰ) ਕੀ ਹੈ? (ਦਾਨੇਨ) ਦਾਨ ਚ (ਕਿੰ) ਕੀ ਹੈ? (ਤਪਸਾ) ਤਪੱਸਿਆ ਚ ਕਿੰ ਕੀ ਪਿਆ ਹੈ, ਜੱਗੇਨ	Jogaen Kin Jagaen Kin Dhaanaen Kin Thapasaa ||4||	What is the good of practicing Yoga, giving feasts and charity, and practicing penance? ||4||	ਉਹਨਾਂ ਨੂੰ ਜੋਗ ਨਾਲ ਕੀਹ ਵਾਸਤਾ? ਉਹਨਾਂ ਨੂੰ ਜੱਗ ਨਾਲ ਕੀਹ ਪ੍ਰਯੋਜਨ? ਉਹਨਾਂ ਨੂੰ ਦਾਨ ਅਤੇ ਤਪ ਨਾਲ ਕੀਹ? (ਭਾਵ, ਭਗਤ ਜਾਣਦੇ ਹਨ ਕਿ ਜੋਗ-ਸਾਧਨ, ਜੱਗ, ਦਾਨ ਅਤੇ ਤਪ ਕਰਨ ਤੋਂ ਕੋਈ ਆਤਮਕ ਲਾਭ ਨਹੀਂ ਹੋ ਸਕਦਾ, ਪ੍ਰਭੂ ਦੀ ਭਗਤੀ ਹੀ ਅਸਲੀ ਕਰਣੀ ਹੈ) ॥੪॥
23560	526	ਗੋਬਿੰਦ ਗੋਬਿੰਦੇਤਿ ਜਪਿ ਨਰ ਸਕਲ ਸਿਧਿ ਪਦੰ॥	(ਸਿੱਧਿ)ਮੁਕਤ। (ਪਦੰ)ਪਦਵੀ	Gobindh Gobindhaeth Jap Nar Sakal Sidhh Padhan ||	Meditate on the Lord of the Universe, the Lord of the Universe, O man; He is the source of all the spiritual powers of the Siddhas.	ਗੋਬਿੰਦ ਦਾ ਭਜਨ ਕਰ, ਗੋਬਿੰਦ ਨੂੰ ਜਪ, ਉਹੀ ਸਾਰੀਆਂ ਸਿੱਧੀਆਂ ਦਾ ਖ਼ਜ਼ਾਨਾ ਹੈ।

23561	526	ਜੈਦੇਵ ਆਇਉ ਤਸ ਸਫੁਟੰ ਭਵ ਭੂਤ ਸਰਬ ਗਤੰ॥੫॥੧॥	ਜੈਦੇਵ ਭਗਤ ਜੀ ਕਹਿੰਦੇ ਹਨ ਦਾਸਨ ਦਾਸ ਆਇਆ ਹੈ (ਤਸ)ਤਿਨ੍ਹਾਂ ਦੀ ਸ਼ਰਨ।ਸ-ਫੁਟੰ। ਜੋ (ਸਫੁਟੰ) ਪ੍ਰਗਟ ਹੀ।(ਗਤੰ) ਕਲਿਆਣ ਸਰੂਪ, ਸਾਰਿਆਂ ਚ (ਗਤੰ) ਪ੍ਰਾਪਤ ਹਨ,	Jaidhaev Aaeio Thas Safuttan Bhav Bhooth Sarab Gathan ||5||1||	Jai Dayv has openly come to Him; He is the salvation of all, in the past, present and future. ||5||1||	ਜੈਦੇਵ ਭੀ ਹੋਰ ਆਸਰੇ ਸਾਰੇ ਛੱਡ ਕੇ ਉਸੇ ਦੀ ਸਰਨ ਆਇਆ ਹੈ, ਉਹ ਹੁਣ ਭੀ, ਪਿਛਲੇ ਸਮੇ ਭੀ (ਅਗਾਂਹ ਨੂੰ ਭੀ) ਹਰ ਵੇਲੇ ਹਰ ਥਾਂ ਮੌਜੂਦ ਹੈ ॥੫॥੧॥
23562	527	੧ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
23563	527	ਰਾਗੁ ਦੇਵਗੰਧਾਰੀ ਮਹਲਾ ੪ ਘਰੁ ੧॥		Raag Dhaevagandhhaaree Mehalaa 4 Ghar 1 ||	Raag Dayv-Gandhaaree, Fourth Mehl, First House:	ਰਾਗ ਦੇਵਗੰਧਾਰੀ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।

23564	527	ਸੇਵਕ ਜਨ ਬਨੇ ਠਾਕੁਰ ਲਿਵ ਲਾਗੇ॥		Saevak Jan Banae Thaakur Liv Laagae ||	Those who become the humble servants of the Lord and Master, lovingly focus their minds on Him.	ਜਿਨ੍ਹਾਂ ਮਨੁੱਖ ਦੀ ਪ੍ਰੀਤ ਮਾਲਕ-ਪ੍ਰਭੂ (ਦੇ ਚਰਨਾਂ) ਨਾਲ ਲੱਗ ਜਾਂਦੀ ਹੈ ਉਹ ਮਾਲਕ ਦੇ (ਸੱਚੇ) ਸੇਵਕ, (ਸੱਚੇ) ਦਾਸ ਬਣ ਜਾਂਦੇ ਹਨ।
23565	527	ਜੋ ਤੁਮਰਾ ਜਸੁ ਕਹਤੇ ਗੁਰਮਤਿ ਤਿਨ ਮੁਖ ਭਾਗ ਸਭਾਗੇ॥੧॥ਰਹਾਉ॥		Jo Thumaraa Jas Kehathae Guramath Thin Mukh Bhaag Sabhaagae ||1|| Rehaao ||	Those who chant Your Praises, through the Guru's Teachings, have great good fortune recorded upon their foreheads. ||1||Pause||	(ਹੇ ਪ੍ਰਭੂ!) ਜੇਹੜੇ ਮਨੁੱਖ ਗੁਰੂ ਦੀ ਮਤਿ ਤੇ ਤੁਰ ਕੇ ਤੇਰੀ ਸਿਫ਼ਤ-ਸਾਲਾਹ ਕਰਦੇ ਹਨ, ਉਹਨਾਂ ਦੇ ਮੂੰਹ ਸੋਹਣੇ ਭਾਗਾਂ ਵਾਲੇ ਹੋ ਜਾਂਦੇ ਹਨ ॥੧॥ ਰਹਾਉ ॥
23566	527	ਟੂਟੇ ਮਾਇਆ ਕੇ ਬੰਧਨ ਫਾਹੇ ਹਰਿ ਰਾਮ ਨਾਮ ਲਿਵ ਲਾਗੇ॥		Ttoottae Maaeiaa Kae Bandhhan Faahae Har Raam Naam Liv Laagae ||	The bonds and shackles of Maya are shattered, by lovingly focusing their minds on the Name of the Lord.	ਪਰਮਾਤਮਾ ਦੇ ਨਾਮ ਨਾਲ ਜਿਨ੍ਹਾਂ ਮਨੁੱਖਾਂ ਦੀ ਲਗਨ ਲੱਗ ਜਾਂਦੀ ਹੈ, ਉਹਨਾਂ ਦੇ ਮਾਇਆ (ਦੇ ਮੋਹ) ਦੇ ਬੰਧਨ ਟੁੱਟ ਜਾਂਦੇ ਹਨ, ਫਾਹੀਆਂ ਟੁੱਟ ਜਾਂਦੀਆਂ ਹਨ।
23567	527	ਹਮਰਾ ਮਨੁ ਮੋਹਿਓ ਗੁਰ ਮੋਹਨਿ ਹਮ ਬਿਸਮ ਭਈ ਮੁਖਿ ਲਾਗੇ॥੧॥	ਮੋਹਨਿ	Hamaraa Man Mohiou Gur Mohan Ham Bisam Bhee Mukh Laagae ||1||	My mind is enticed by the Guru, the Enticer; beholding Him, I am wonder-struck. ||1||	(ਹੇ ਸਖੀ! ਮਨ ਨੂੰ) ਮੋਹ ਲੈਣ ਵਾਲੇ ਗੁਰੂ ਨੇ ਮੇਰਾ ਮਨ ਆਪਣੇ ਪਿਆਰ ਵਿਚ ਬੰਨ੍ਹ ਲਿਆ ਹੈ, ਉਸ ਸੋਹਣੇ ਗੁਰੂ ਦਾ ਦਰਸਨ ਕਰ ਕੇ ਮੈਂ ਮਸਤ ਹੋ ਗਈ ਹਾਂ। (ਇਸ ਵਾਸਤੇ ਮਾਇਆ ਦੇ ਮੋਹ ਦੀਆਂ ਫਾਹੀਆਂ ਮੇਰੇ ਨੇੜੇ ਨਹੀਂ ਢੁਕਦੀਆਂ) ॥੧॥

23568	527	ਸਗਲੀ ਰੈਨਿ ਸੋਈ ਅੰਧਿਆਰੀ ਗੁਰ ਕਿੰਚਤ ਕਿਰਪਾ ਜਾਗੇ॥	(ਕਿੰਚਿਤ) ਥੋੜੀ	Sagalee Rain Soee Andhhiaaree Gur Kinchath Kirapaa Jaagae ||	I slept through the entire dark night of my life, but through the tiniest bit of the Guru's Grace, I have been awakened.	(ਹੇ ਸਖੀ!) ਮੈਂ (ਜ਼ਿੰਦਗੀ ਦੀ) ਸਾਰੀ ਰਾਤ ਮਾਇਆ ਦੇ ਮੋਹ ਦੇ ਹਨੇਰ ਵਿਚ ਸੁੱਤੀ ਰਹੀ (ਆਤਮਕ ਜੀਵਨ ਵੱਲੋਂ ਅਵੇਸਲੀ ਰਹੀ), ਹੁਣ ਗੁਰੂ ਦੀ ਥੋੜੀ ਕੁ ਕਿਰਪਾ ਨਾਲ ਮੈਂ ਜਾਗ ਪਈ ਹਾਂ।
23569	527	ਜਨ ਨਾਨਕ ਕੇ ਪ੍ਰਭ ਸੁੰਦਰ ਸੁਆਮੀ ਮੋਹਿ ਤੁਮ ਸਰਿ ਅਵਰੁ ਨ ਲਾਗੇ॥੨॥੧॥		Jan Naanak Kae Prabh Sundhar Suaamee Mohi Thum Sar Avar N Laagae ||2||1||	O Beautiful Lord God, Master of servant Nanak, there is none comparable to You. ||2||1||	ਹੇ ਦਾਸ ਨਾਨਕ ਦੇ ਸੋਹਣੇ ਮਾਲਕ ਪ੍ਰਭੂ! ਮੈਨੂੰ (ਹੁਣ) ਤੇਰੇ ਵਰਗਾ ਕੋਈ ਹੋਰ ਨਹੀਂ ਦਿੱਸਦਾ ॥੨॥੧॥
23570	527	ਦੇਵਗੰਧਾਰੀ॥	ਗਲੀ: ਪੋਲਾ ਬੋਲੋ	Dhaevagandhhaaree ||	Dayv-Gandhaaree:	
23571	527	ਮੇਰੋ ਸੁੰਦਰੁ ਕਹਹੁ ਮਿਲੈ ਕਿਤੁ ਗਲੀ॥		Maero Sundhar Kehahu Milai Kith Galee ||	Tell me - on what path will I find my Beauteous Lord?	ਮੈਨੂੰ ਦੱਸੋ, ਮੇਰਾ ਸੋਹਣਾ (ਪ੍ਰੀਤਮ) ਕਿਸ ਗਲੀ ਵਿਚ ਮਿਲੇਗਾ?
23572	527	ਹਰਿ ਕੇ ਸੰਤ ਬਤਾਵਹੁ ਮਾਰਗੁ ਹਮ ਪੀਛੈ ਲਾਗਿ ਚਲੀ॥੧॥ਰਹਾਉ॥	ਚੱਲੀ	Har Kae Santh Bathaavahu Maarag Ham Peeshhai Laag Chalee ||1|| Rehaao ||	O Saints of the Lord, show me the Way, and I shall follow. ||1||Pause||	ਹੇ ਹਰੀ ਦੇ ਸੰਤ ਜਨੋ! ਮੈਨੂੰ (ਉਸ ਗਲੀ ਦਾ) ਰਸਤਾ ਦੱਸੋ (ਤਾਂ ਕਿ) ਮੈਂ ਭੀ ਤੁਹਾਡੇ ਪਿੱਛੇ ਪਿੱਛੇ ਤੁਰੀ ਚੱਲਾਂ ॥੧॥ ਰਹਾਉ ॥

23573	527	ਪ੍ਰਿਅ ਕੇ ਬਚਨ ਸੁਖਾਨੇ ਹੀਅਰੈ ਇਹ ਚਾਲ ਬਨੀ ਹੈ ਭਲੀ॥		Pria Kae Bachan Sukhaanae Heearai Eih Chaal Banee Hai Bhalee ||	I cherish in my heart the Words of my Beloved; this is the best way.	(ਹੇ ਜਿੱਗਿਆਸੂ ਜੀਵ-ਇਸਤ੍ਰੀ!) ਜਿਸ ਨੂੰ ਪਿਆਰੇ ਪ੍ਰਭੂ ਦੇ ਸਿਫ਼ਤ-ਸਾਲਾਹ ਦੇ ਬਚਨ ਹਿਰਦੇ ਵਿਚ ਸੁਖਾ ਜਾਂਦੇ ਹਨ ਤੇ ਜਿਸ ਨੂੰ ਇਹ ਜੀਵਨ-ਤੋਰ ਚੰਗੀ ਲੱਗਣ ਲੱਗ ਪੈਂਦੀ ਹੈ,
23574	527	ਲਟੁਰੀ ਮਧੁਰੀ ਠਾਕੁਰ ਭਾਈ ਓਹ ਸੁੰਦਰਿ ਹਰਿ ਢੁਲਿ ਮਿਲੀ॥੧॥	ਪ੍ਰੇਮ ਦੀ ਮਸਤੀ ਸਹਿਤ, (ਲਟੁਰੀ) ਨਿਮ੍ਰਤਾ ਵਾਲੀ। (ਮਧੁਰੀ)ਛੋਟੀ ਗ੍ਰੀਬੀ ਵਾਲੀ। ਔਗੁਣਾਂ ਵਿਕਾਰਾਂ ਵੱਲੋਂ (ਢੁਲਿ)ਹਟ ਕੇ	Latturee Madhhuree Thaakur Bhaaee Ouh Sundhar Har Dtul Milee ||1||	The bride may be hunch-backed and short, but if she is loved by her Lord Master, she becomes beautiful, and she melts in the Lord's embrace. ||1||	ਉਹ (ਪਹਿਲਾਂ ਭਾਵੇਂ) ਲਟੋਰ (ਸੀ) ਥੋੜ੍ਹ-ਵਿਤੀ (ਸੀ, ਉਹ) ਮਾਲਕ-ਪ੍ਰਭੂ ਨੂੰ ਪਿਆਰੀ ਲੱਗਣ ਲੱਗ ਪੈਂਦੀ ਹੈ, ਉਹ ਸੋਹਣੀ ਜੀਵ-ਇਸਤ੍ਰੀ ਨਿਮ੍ਰਤਾ ਧਾਰ ਕੇ ਪ੍ਰਭੂ-ਚਰਨਾਂ ਵਿਚ ਮਿਲ ਜਾਂਦੀ ਹੈ ॥੧॥
23575	527	ਏਕੋ ਪ੍ਰਿਉ ਸਖੀਆ ਸਭ ਪ੍ਰਿਅ ਕੀ ਜੋ ਭਾਵੈ ਪਿਰ ਸਾ ਭਲੀ॥		Eaeko Prio Sakheeaa Sabh Pria Kee Jo Bhaavai Pir Saa Bhalee ||	There is only the One Beloved - we are all soul-brides of our Husband Lord. She who is pleasing to her Husband Lord is good.	(ਹੇ ਸਖੀ!) ਇਕ ਪਰਮਾਤਮਾ ਹੀ ਸਭ ਦਾ ਖਸਮ ਹੈ, ਸਾਰੀਆਂ ਸਖੀਆਂ (ਜੀਵ-ਇਸਤ੍ਰੀਆਂ) ਉਸ ਪਿਆਰੇ ਦੀਆਂ ਹੀ ਹਨ; ਪਰ ਜੇਹੜੀ ਪਤੀ-ਪ੍ਰਭੂ ਨੂੰ ਪਸੰਦ ਆ ਜਾਂਦੀ ਹੈ ਉਹ ਚੰਗੀ ਬਣ ਜਾਂਦੀ ਹੈ।

23576	527	ਨਾਨਕੁ ਗਰੀਬੁ ਕਿਆ ਕਰੈ ਬਿਚਾਰਾ ਹਰਿ ਭਾਵੈ ਤਿਤੁ ਰਾਹਿ ਚਲੀ॥੨॥੨॥		Naanak Gareeb Kiaa Karai Bichaaraa Har Bhaavai Thith Raahi Chalee ||2||2||	What can poor, helpless Nanak do? As it pleases the Lord, so does he walk. ||2||2||	ਵਿਚਾਰਾ ਗਰੀਬ ਨਾਨਕ (ਉਸ ਦੇ ਰਸਤੇ ਉਤੇ ਤੁਰਨ ਲਈ) ਕੀਹ ਕਰ ਸਕਦਾ ਹੈ? ਜੇਹੜੀ ਜੀਵ-ਇਸਤ੍ਰੀ ਹਰੀ-ਪ੍ਰਭੂ ਨੂੰ ਚੰਗੀ ਲੱਗ ਪਏ, ਉਹੀ ਉਸ ਰਸਤੇ ਉਤੇ ਤੁਰ ਸਕਦੀ ਹੈ ॥੨॥੨॥
23577	527	ਦੇਵਗੰਧਾਰੀ॥		Dhaevagandhhaare e ||	Dayv-Gandhaaree:	
23578	527	ਮੇਰੇ ਮਨ ਮੁਖਿ ਹਰਿ ਹਰਿ ਹਰਿ ਬੋਲੀਐ॥		Maerae Man Mukh Har Har Har Boleeai ||	O my mind, chant the Name of the Lord, Har, Har, Har.	ਹੇ ਮੇਰੇ ਮਨ! ਮੂੰਹੋਂ ਸਦਾ ਪਰਮਾਤਮਾ ਦਾ ਨਾਮ ਉਚਾਰਨਾ ਚਾਹੀਦਾ ਹੈ।
23579	527	ਗੁਰਮੁਖਿ ਰੰਗਿ ਚਲੂਲੈ ਰਾਤੀ ਹਰਿ ਪ੍ਰੇਮ ਭੀਨੀ ਚੋਲੀਐ॥੧॥ਰਹਾਉ॥	(ਚਲੂਲੇ) ਗੂੜ੍ਹੇ। (ਭੀਨੀ) ਭਿੱਜੀ	Guramukh Rang Chaloolai Raathee Har Praem Bheenee Choleeai ||1|| Rehaao ||	The Gurmukh is imbued with the deep red color of the poppy. His shawl is saturated with the Lord's Love. ||1||Pause||	ਗੁਰੂ ਦੀ ਸਰਨ ਪੈ ਕੇ ਜੇਹੜੀ ਜੀਵ-ਇਸਤ੍ਰੀ (ਪ੍ਰਭੂ-ਪ੍ਰੇਮ ਦੇ) ਗੂੜ੍ਹੇ ਰੰਗ ਵਿਚ ਰੰਗੀ ਜਾਂਦੀ ਹੈ ਉਸ ਦੀ ਹਿਰਦਾ-ਚੋਲੀ ਪ੍ਰਭੂ-ਪ੍ਰੇਮ ਨਾਲ ਤਰੋ-ਤਰ ਰਹਿੰਦੀ ਹੈ ॥੧॥ ਰਹਾਉ ॥
23580	527	ਹਉ ਫਿਰਉ ਦਿਵਾਨੀ ਆਵਲ ਬਾਵਲ ਤਿਸੁ ਕਾਰਣਿ ਹਰਿ ਢੋਲੀਐ॥		Ho Firo Dhivaanee Aaval Baaval This Kaaran Har Dtoleeai ||	I wander around here and there, like a madman, bewildered, seeking out my Darling Lord.	ਮੈਂ ਉਸ ਪਿਆਰੇ ਹਰੀ-ਪ੍ਰਭੂ ਨੂੰ ਮਿਲਣ ਵਾਸਤੇ ਕਮਲੀ ਹੋਈ ਫਿਰਦੀ ਹਾਂ, ਝੱਲੀ ਹੋਈ ਫਿਰਦੀ ਹਾਂ।

23581	527	ਕੋਈ ਮੇਲੈ ਮੇਰਾ ਪ੍ਰੀਤਮੁ ਪਿਆਰਾ ਹਮ ਤਿਸ ਕੀ ਗੁਲ ਗੋਲੀਐ॥੧॥	(ਗੁਲ ਗੋਲੀਐ) ਗੋਲਿਆਂ ਦੀ ਗੋਲੀ	Koee Maelai Maeraa Preetham Piaaraa Ham This Kee Gul Goleeai ||1||	I shall be the slave of the slave of whoever unites me with my Darling Beloved. ||1||	ਜੇ ਕੋਈ ਮੈਨੂੰ ਮੇਰਾ ਪਿਆਰਾ ਪ੍ਰੀਤਮ ਮਿਲਾ ਦੇਵੇ, ਤਾਂ ਮੈਂ ਉਸ ਦੀਆਂ ਗੋਲੀਆਂ ਦੀ ਗੋਲੀ (ਬਣਨ ਨੂੰ ਤਿਆਰ ਹਾਂ) ॥੧॥
23582	527	ਸਤਿਗੁਰੁ ਪੁਰਖੁ ਮਨਾਵਹੁ ਅਪੁਨਾ ਹਰਿ ਅੰਮ੍ਰਿਤੁ ਪੀ ਝੋਲੀਐ॥	(ਝੋਲੀਐ) ਮਸਤ	Sathigur Purakh Manaavahu Apunaa Har Anmrith Pee Jholeeai ||	So align yourself with the Almighty True Guru; drink in and savor the Ambrosial Nectar of the Lord.	(ਹੇ ਜਿੱਗਿਆਸੂ ਜੀਵ-ਇਸਤ੍ਰੀ!) ਤੂੰ ਆਪਣੇ ਗੁਰੂ ਸਤਪੁਰਖ ਨੂੰ ਪ੍ਰਸੰਨ ਕਰ ਲੈ (ਗੁਰੂ ਦੇ ਦੱਸੇ ਰਸਤੇ ਉਤੇ ਤੁਰ ਕੇ) ਤੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਜਲ ਪ੍ਰੇਮ ਨਾਲ ਪੀਂਦੀ ਰਹੁ।
23583	527	ਗੁਰ ਪ੍ਰਸਾਦਿ ਜਨ ਨਾਨਕ ਪਾਇਆ ਹਰਿ ਲਾਧਾ ਦੇਹ ਟੋਲੀਐ॥੨॥੩॥	ਲੱਾਧਾ	Gur Prasaadh Jan Naanak Paaeiaa Har Laadhhaa Dhaeh Ttoleeai ||2||3||	By Guru's Grace, servant Nanak has obtained the wealth of the Lord within. ||2||3||	ਹੇ ਦਾਸ ਨਾਨਕ! ਗੁਰੂ ਦੀ ਕਿਰਪਾ ਨਾਲ ਹੀ ਪਰਮਾਤਮਾ ਮਿਲਦਾ ਹੈ, ਤੇ ਮਿਲਦਾ ਹੈ ਆਪਣੇ ਹਿਰਦੇ ਵਿਚ ਹੀ ਭਾਲ ਕੀਤਿਆਂ ॥੨॥੩॥
23584	527	ਦੇਵਗੰਧਾਰੀ॥		Dhaevagandhhaare e ||	Dayv-Gandhaaree:	
23585	527	ਅਬ ਹਮ ਚਲੀ ਠਾਕੁਰ ਪਹਿ ਹਾਰਿ॥		Ab Ham Chalee Thaakur Pehi Haar ||	Now, I have come, exhausted, to my Lord and Master.	ਹੁਣ ਮੈਂ ਹੋਰ ਸਾਰੇ ਆਸਰੇ ਛੱਡ ਕੇ ਮਾਲਕ-ਪ੍ਰਭੂ ਦੀ ਸਰਨ ਆ ਗਈ ਹਾਂ।

23586	527	ਜਬ ਹਮ ਸਰਣਿ ਪ੍ਰਭੂ ਕੀ ਆਈ ਰਾਖੁ ਪ੍ਰਭੂ ਭਾਵੈ ਮਾਰਿ॥੧॥ਰਹਾਉ॥		Jab Ham Saran Prabhoo Kee Aaee Raakh Prabhoo Bhaavai Maar ||1|| Rehaao ||	Now that I have come seeking Your Sanctuary, God, please, either save me, or kill me. ||1||Pause||	ਜਦੋਂ ਹੁਣ, ਹੇ ਪ੍ਰਭੂ! ਮੈਂ ਤੇਰੀ ਸਰਨ ਆ ਗਈ ਹਾਂ, ਚਾਹੇ ਮੈਨੂੰ ਰੱਖ ਚਾਹੇ ਮਾਰ (ਜਿਵੇਂ ਤੇਰੀ ਰਜ਼ਾ ਹੈ ਮੈਨੂੰ ਉਸੇ ਹਾਲ ਰੱਖ) ॥੧॥ ਰਹਾਉ ॥
23587	528	ਲੋਕਨ ਕੀ ਚਤੁਰਾਈ ਉਪਮਾ ਤੇ ਬੈਸੰਤਰਿ ਜਾਰਿ॥		Lokan Kee Chathuraaee Oupamaa Thae Baisanthar Jaar ||	I have burnt in the fire the clever devices and praises of the world.	ਦੁਨੀਆ ਵਾਲੀ ਸਿਆਣਪ, ਤੇ, ਦੁਨੀਆ ਵਾਲੀ ਵਡਿਆਈ- ਇਹਨਾਂ ਨੂੰ ਮੈਂ ਅੱਗ ਵਿਚ ਸਾੜ ਦਿੱਤਾ ਹੈ।
23588	528	ਕੋਈ ਭਲਾ ਕਹਉ ਭਾਵੈ ਬੁਰਾ ਕਹਉ ਹਮ ਤਨੁ ਦੀਓ ਹੈ ਢਾਰਿ॥੧॥	(ਢਾਰਿ) ਭੇਟ ਕਰਨਾ	Koee Bhalaa Keho Bhaavai Buraa Keho Ham Than Dheeou Hai Dtaar ||1||	Some speak good of me, and some speak ill of me, but I have surrendered my body to You. ||1||	ਚਾਹੇ ਕੋਈ ਮੈਨੂੰ ਚੰਗਾ ਆਖੇ ਚਾਹੇ ਕੋਈ ਮੰਦਾ ਆਖੇ, ਮੈਂ ਤਾਂ ਆਪਣਾ ਸਰੀਰ (ਠਾਕੁਰ ਦੇ ਚਰਨਾਂ ਵਿਚ) ਭੇਟ ਕਰ ਦਿੱਤਾ ਹੈ ॥੧॥
23589	528	ਜੋ ਆਵਤ ਸਰਣਿ ਠਾਕੁਰ ਪ੍ਰਭੁ ਤੁਮਰੀ ਤਿਸੁ ਰਾਖਹੁ ਕਿਰਪਾ ਧਾਰਿ॥		Jo Aavath Saran Thaakur Prabh Thumaree This Raakhahu Kirapaa Dhhaar ||	Whoever comes to Your Sanctuary, O God, Lord and Master, You save by Your Merciful Grace.	ਹੇ ਮਾਲਕ! ਹੇ ਪ੍ਰਭੂ! ਜੇਹੜਾ ਭੀ ਕੋਈ (ਵਡ-ਭਾਗੀ) ਤੇਰੀ ਸਰਨ ਆ ਪੈਂਦਾ ਹੈ, ਤੂੰ ਮੇਹਰ ਕਰ ਕੇ ਉਸ ਦੀ ਰੱਖਿਆ ਕਰਦਾ ਹੈਂ।

23590	528	ਜਨ ਨਾਨਕ ਸਰਣਿ ਤੁਮਾਰੀ ਹਰਿ ਜੀਉ ਰਾਖਹੁ ਲਾਜ ਮੁਰਾਰਿ॥੨॥੪॥		Jan Naanak Saran Thumaaree Har Jeeo Raakhahu Laaj Muraar ||2||4||	Servant Nanak has entered Your Sanctuary, Dear Lord; O Lord, please, protect his honor! ||2||4||	ਹੇ ਦਾਸ ਨਾਨਕ! (ਆਖ-) ਹੇ ਹਰੀ ਜੀ! ਹੇ ਮੁਰਾਰੀ! ਮੈਂ ਤੇਰੀ ਸਰਨ ਆਇਆ ਹਾਂ, ਮੇਰੀ ਇੱਜ਼ਤ ਰੱਖ ॥੨॥੪॥
23591	528	ਦੇਵਗੰਧਾਰੀ॥		Dhaevagandhhaare e ||	Dayv-Gandhaaree:	
23592	528	ਹਰਿ ਗੁਣ ਗਾਵੈ ਹਉ ਤਿਸੁ ਬਲਿਹਾਰੀ॥		Har Gun Gaavai Ho This Balihaaree ||	I am a sacrifice to one who sings the Glorious Praises of the Lord.	ਮੈਂ ਉਸ (ਗੁਰੂ, ਸਾਧ) ਤੋਂ ਕੁਰਬਾਨ ਜਾਂਦਾ ਹਾਂ ਜੇਹੜਾ (ਹਰ ਵੇਲੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ।
23593	528	ਦੇਖਿ ਦੇਖਿ ਜੀਵਾ ਸਾਧ ਗੁਰ ਦਰਸਨੁ ਜਿਸੁ ਹਿਰਦੈ ਨਾਮੁ ਮੁਰਾਰੀ॥੧॥ਰਹਾਉ॥		Dhaekh Dhaekh Jeevaa Saadhh Gur Dharasan Jis Hiradhai Naam Muraaree ||1|| Rehaao ||	I live by continuously beholding the Blessed Vision of the Holy Guru's Darshan; within His Mind is the Name of the Lord. ||1||Pause||	ਉਸ ਗੁਰੂ ਦਾ ਸਾਧੂ ਦਾ ਦਰਸਨ ਕਰ ਕਰ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ ਜਿਸ ਦੇ ਹਿਰਦੇ ਵਿਚ (ਸਦਾ) ਪਰਮਾਤਮਾ ਦਾ ਨਾਮ ਵੱਸਦਾ ਹੈ ॥੧॥ ਰਹਾਉ ॥
23594	528	ਤੁਮ ਪਵਿਤ੍ਰ ਪਾਵਨ ਪੁਰਖ ਪ੍ਰਭ ਸੁਆਮੀ ਹਮ ਕਿਉ ਕਰਿ ਮਿਲਹ ਜੂਠਾਰੀ॥	ਉੱਗ੍ਰ ਪਾਪਾਂ ਦੀ ਜੂਠ ਕਰਕੇ (ਜੂਠਾਰੀ) ਜੂਠੇ ਅਪਵਿੱਤ੍ਰ	Thum Pavithr Paavan Purakh Prabh Suaamee Ham Kio Kar Mileh Joothaaree ||	You are pure and immaculate, O God, Almighty Lord and Master; how can I, the impure one, meet You?	ਹੇ ਸੁਆਮੀ! ਹੇ ਸਰਬ-ਵਿਆਪਕ ਪ੍ਰਭੂ! ਤੂੰ ਸਦਾ ਹੀ ਪਵਿਤ੍ਰ ਹੈਂ, ਪਰ ਅਸੀਂ ਮੈਲੇ ਜੀਵਨ ਵਾਲੇ ਹਾਂ, ਅਸੀਂ ਤੈਨੂੰ ਕਿਵੇਂ ਮਿਲ ਸਕਦੇ ਹਾਂ?

23595	528	ਹਮਰੈ ਜੀਇ ਹੋਰੁ ਮੁਖਿ ਹੋਰੁ ਹੋਤ ਹੈ ਹਮ ਕਰਮਹੀਣ ਕੂੜਿਆਰੀ॥੧॥		Hamarai Jeee Hor Mukh Hor Hoth Hai Ham Karameheen Koorriaaree ||1||	I have one thing in my mind, and another thing on my lips; I am such a poor, unfortunate liar! ||1||	ਸਾਡੇ ਦਿਲ ਵਿਚ ਕੁਝ ਹੋਰ ਹੁੰਦਾ ਹੈ, ਸਾਡੇ ਮੂੰਹ ਵਿਚ ਕੁਝ ਹੋਰ ਹੁੰਦਾ ਹੈ (ਮੂੰਹੋਂ ਅਸੀਂ ਕੁਝ ਹੋਰ ਆਖਦੇ ਹਾਂ), ਅਸੀਂ ਮੰਦ-ਭਾਗੀ ਹਾਂ, ਅਸੀਂ ਸਦਾ ਕੂੜੀ ਮਾਇਆ ਦੇ ਗਾਹਕ ਬਣੇ ਰਹਿੰਦੇ ਹਾਂ ॥੧॥
23596	528	ਹਮਰੀ ਮੁਦ੍ਰ ਨਾਮੁ ਹਰਿ ਸੁਆਮੀ ਰਿਦ ਅੰਤਰਿ ਦੁਸਟ ਦੁਸਟਾਰੀ॥	(ਮੁਦ੍ਰ) ਚਿੰਨ, ਦਿਖਾਵਾ	Hamaree Mudhr Naam Har Suaamee Ridh Anthar Dhusatt Dhusattaaree ||	I appear to chant the Lord's Name, but within my heart, I am the most wicked of the wicked.	ਹੇ ਹਰੀ! ਹੇ ਸੁਆਮੀ! ਤੇਰਾ ਨਾਮ ਸਾਡਾ ਵਿਖਾਵਾ ਹੈ (ਅਸੀਂ ਵਿਕਾਰੇ ਦੇ ਤੌਰ ਤੇ ਜਪਦੇ ਹਾਂ), ਪਰ ਸਾਡੇ ਹਿਰਦੇ ਵਿਚ ਸਦਾ ਮੰਦੇ ਖ਼ਿਆਲ ਭਰੇ ਰਹਿੰਦੇ ਹਨ।
23597	528	ਜਿਉ ਭਾਵੈ ਤਿਉ ਰਾਖਹੁ ਸੁਆਮੀ ਜਨ ਨਾਨਕ ਸਰਣਿ ਤੁਮ੍ਹਾਰੀ॥੨॥੫॥		Jio Bhaavai Thio Raakhahu Suaamee Jan Naanak Saran Thumhaaree ||2||5||	As it pleases You, save me, O Lord and Master; servant Nanak seeks Your Sanctuary. ||2||5||	ਹੇ ਦਾਸ ਨਾਨਕ! (ਆਖ-) ਹੇ ਸੁਆਮੀ! ਮੈਂ ਤੇਰੀ ਸਰਨ ਆ ਪਿਆ ਹਾਂ, ਜਿਵੇਂ ਹੋ ਸਕੇ ਮੈਨੂੰ (ਇਸ ਪਖੰਡ ਤੋਂ) ਬਚਾ ਲੈ ॥੨॥੫॥
23598	528	ਦੇਵਗੰਧਾਰੀ॥		Dhaevagandhhaaree ||	Dayv-Gandhaaree:	
23599	528	ਹਰਿ ਕੇ ਨਾਮ ਬਿਨਾ ਸੁੰਦਰਿ ਹੈ ਨਕਟੀ॥	(ਨਕਟੀ) ਬਦਸ਼ਕਲ	Har Kae Naam Binaa Sundhar Hai Nakattee ||	Without the Name of the Lord, the beautiful are just like the noseless ones.	ਪਰਮਾਤਮਾ ਦੇ ਨਾਮ ਤੋਂ ਬਿਨਾ ਇਹ ਸੋਹਣੀ (ਮਨੁੱਖੀ) ਕਾਂਇਆਂ ਬਦ-ਸ਼ਕਲ ਹੀ ਜਾਣੋ।

23600	528	ਜਿਉ ਬੇਸੁਆ ਕੇ ਘਰਿ ਪੂਤੁ ਜਮਤੁ ਹੈ ਤਿਸੁ ਨਾਮੁ ਪਰਿਓ ਹੈ ਧ੍ਰਕਟੀ॥੧॥ਰਹਾਉ॥	ਧ੍ਰ-ਕੱਟੀ	Jio Baesuaa Kae Ghar Pooth Jamath Hai This Naam Pariou Hai Dhhrakattee ||1|| Rehaao ||	Like the son, born into the house of a prostitute, his name is cursed. ||1||Pause||	ਜਿਵੇਂ ਜੇ ਕਿਸੇ ਕੰਜਰੀ ਦੇ ਘਰ ਪੁੱਤਰ ਜੰਮ ਪਏ, ਤਾਂ ਉਸ ਦਾ ਨਾਮ ਹਰਾਮੀ ਪੈ ਜਾਂਦਾ ਹੈ (ਭਾਵੇਂ ਉਹ ਸ਼ਕਲੋਂ ਸੋਹਣਾ ਭੀ ਪਿਆ ਹੋਵੇ) ॥੧॥ ਰਹਾਉ ॥
23601	528	ਜਿਨ ਕੈ ਹਿਰਦੈ ਨਾਹਿ ਹਰਿ ਸੁਆਮੀ ਤੇ ਬਿਗੜਰੂਪ ਬੇਰਕਟੀ॥	(ਨਾਹਿ) ਨਹੀਂ। (ਬਿਗੜ-ਰੂਪ) ਬਦਸ਼ਕਲ। (ਬੇ-ਰਕਟੀ) ਕੋਹੜੀ, ਵਿਕਾਰੀ	Jin Kai Hiradhai Naahi Har Suaamee Thae Bigarr Roop Baerakattee ||	Those who do not have the Name of their Lord and Master within their hearts, are the most wretched, deformed lepers.	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਮਾਲਕ-ਪ੍ਰਭੂ ਨਹੀਂ (ਚੇਤੇ) ਉਹ ਮਨੁੱਖ ਬਦ-ਸ਼ਕਲ ਹਨ; ਉਹ ਕੋਹੜੀ ਹਨ।
23602	528	ਜਿਉ ਨਿਗੁਰਾ ਬਹੁ ਬਾਤਾ ਜਾਣੈ ਓਹੁ ਹਰਿ ਦਰਗਹ ਹੈ ਭ੍ਰਸਟੀ॥੧॥	ਬਾਤਾਂ	Jio Niguraa Bahu Baathaa Jaanai Ouhu Har Dharageh Hai Bhrasattee ||1||	Like the person who has no Guru, they may know many things, but they are cursed in the Court of the Lord. ||1||	ਜਿਵੇਂ ਕੋਈ ਗੁਰੂ ਤੋਂ ਬੇ-ਮੁਖ ਮਨੁੱਖ (ਭਾਵੇਂ ਚਤੁਰਾਈ ਦੀਆਂ) ਬਹੁਤ ਗੱਲਾਂ ਕਰਨੀਆਂ ਜਾਣਦਾ ਹੋਵੇ, ਪਰ, ਪਰਮਾਤਮਾ ਦੀ ਦਰਗਾਹ ਵਿਚ ਉਹ ਭ੍ਰਸ਼ਟਿਆ ਹੋਇਆ ਹੀ (ਗਿਣਿਆ ਜਾਂਦਾ) ਹੈ ॥੧॥

23603	528	ਜਿਨ ਕਉ ਦਇਆਲੁ ਹੋਆ ਮੇਰਾ ਸੁਆਮੀ ਤਿਨਾ ਸਾਧ ਜਨਾ ਪਗ ਚਕਟੀ॥	(ਚਕਟੀ)ਚੱਟਦਾ ਹਾਂ। ਪਗ ਪੋਲਾ	Jin Ko Dhaeiaal Hoaa Maeraa Suaamee Thinaa Saadhh Janaa Pag Chakattee ||	Those, unto whom my Lord Master becomes Merciful, long for the feet of the Holy.	ਹੇ ਨਾਨਕ! (ਆਖ-) ਜਿਨ੍ਹਾਂ ਮਨੁੱਖਾਂ ਉਤੇ ਪਿਆਰਾ ਪ੍ਰਭੂ ਦਇਆਵਾਨ ਹੁੰਦਾ ਹੈ ਉਹ ਮਨੁੱਖ ਸੰਤ ਜਨਾਂ ਦੇ ਪੈਰ ਪਰਸਦੇ ਰਹਿੰਦੇ ਹਨ।
23604	528	ਨਾਨਕ ਪਤਿਤ ਪਵਿਤ ਮਿਲਿ ਸੰਗਤਿ ਗੁਰ ਸਤਿਗੁਰ ਪਾਛੈ ਛੁਕਟੀ॥੨॥੬॥ਛਕਾ ੧	(ਛੁਕਟੀ) ਛੁੱਟੇਂਗਾ।ਛੁਲਟੀ:ਪੋਲਾ ਬੋਲੋ। ਛੇ ਸਬਦ ਇੱਕ ਛੱਕਾ। ਛੱਕਾ ਇੱਕ ਬੋਲੋ	Naanak Pathith Pavith Mil Sangath Gur Sathigur Paashhai Shhukattee ||2||6|| Shhakaa 1	O Nanak, the sinners become pure, joining the Company of the Holy; following the Guru, the True Guru, they are emancipated. ||2||6|| First Set of Six||	ਗੁਰੂ ਦੀ ਸੰਗਤ ਵਿਚ ਮਿਲ ਕੇ ਵਿਕਾਰੀ ਮਨੁੱਖ ਭੀ ਚੰਗੇ ਆਚਰਨ ਵਾਲੇ ਬਣ ਜਾਂਦੇ ਹਨ ਤੇ ਗੁਰੂ ਦੇ ਪਾਏ ਹੋਏ ਪੂਰਨਿਆਂ ਉੱਤੇ ਤੁਰ ਕੇ ਉਹ ਵਿਕਾਰਾਂ ਦੇ ਪੰਜੇ ਵਿਚੋਂ ਬਚ ਨਿਕਲਦੇ ਹਨ ॥੨॥੬॥ ਛੇ ਸ਼ਬਦਾਂ ਦਾ ਸੰਗ੍ਰਹ।
23605	528	ਦੇਵਗੰਧਾਰੀ ਮਹਲਾ ੫ ਘਰੁ ੨		Dhaevagandhhaaree Mehalaa 5 Ghar 2	Dayv-Gandhaaree, Fifth Mehl, Second House:	ਰਾਗ ਦੇਵਗੰਧਾਰੀ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
23606	528	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
23607	528	ਮਾਈ ਗੁਰ ਚਰਣੀ ਚਿਤੁ ਲਾਈਐ॥		Maaee Gur Charanee Chith Laaeeai ||	O mother, I focus my consciousness on the Guru's feet.	ਹੇ ਮਾਂ! ਗੁਰੂ ਦੇ ਚਰਨਾਂ ਵਿਚ ਚਿੱਤ ਜੋੜਨਾ ਚਾਹੀਦਾ ਹੈ।

23608	528	ਪ੍ਰਭੁ ਹੋਇ ਕ੍ਰਿਪਾਲੁ ਕਮਲੁ ਪਰਗਾਸੇ ਸਦਾ ਸਦਾ ਹਰਿ ਧਿਆਈਐ॥੧॥ਰਹਾਉ॥		Prabh Hoe Kirapaal Kamal Paragaasae Sadhaa Sadhaa Har Dhhiaaeeai ||1|| Rehaao ||	As God shows His Mercy, the lotus of my heart blossoms, and forever and ever, I meditate on the Lord. ||1||Pause||	ਪਰਮਾਤਮਾ ਜਦੋਂ ਦਇਆਵਾਨ ਹੁੰਦਾ ਹੈ, ਤਾਂ (ਹਿਰਦੇ ਦਾ) ਕੌਲ-ਫੁੱਲ ਖਿੜ ਪੈਂਦਾ ਹੈ। ਹੇ ਮਾਂ! ਸਦਾ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਧਿਆਨ ਧਰਨਾ ਚਾਹੀਦਾ ਹੈ ॥੧॥ ਰਹਾਉ ॥
23609	528	ਅੰਤਰਿ ਏਕੋ ਬਾਹਰਿ ਏਕੋ ਸਭ ਮਹਿ ਏਕੁ ਸਮਾਈਐ॥		Anthar Eaeko Baahar Eaeko Sabh Mehi Eaek Samaaeeai ||	The One Lord is within, and the One Lord is outside; the One Lord is contained in all.	ਸਰੀਰਾਂ ਦੇ ਅੰਦਰ ਤੇ ਬਾਹਰ ਸਾਰੇ ਜਗਤ-ਖਿਲਾਰੇ ਵਿਚ ਭੀ ਇਕ ਪਰਮਾਤਮਾ ਹੀ ਵੱਸ ਰਿਹਾ ਹੈ, ਸਾਰੀ ਸ੍ਰਿਸ਼ਟੀ ਵਿਚ ਉਹੀ ਇਕ ਵਿਆਪਕ ਹੈ।
23610	528	ਘਟਿ ਅਵਘਟਿ ਰਵਿਆ ਸਭ ਠਾਈ ਹਰਿ ਪੂਰਨ ਬ੍ਰਹਮੁ ਦਿਖਾਈਐ॥੧॥	(ਖਟਿ) ਸੌਖੇ (ਅਵ-ਘਟਿ) ਔਖੇ ਰਸਤੇ। ਠਾਂਈਂ	Ghatt Avaghatt Raviaa Sabh Thaaee Har Pooran Breham Dhikhaaeeai ||1||	Within the heart, beyond the heart, and in all places, God, the Perfect One, is seen to be permeating. ||1||	ਹਰੇਕ ਸਰੀਰ ਵਿਚ ਤੇ ਹਰ ਥਾਂ ਸਮਾਇਆ ਹੋਇਆ ਸਰਬ-ਵਿਆਪਕ ਪਰਮਾਤਮਾ ਹੀ (ਵੱਸਦਾ) ਦਿੱਸ ਰਿਹਾ ਹੈ ॥੧॥
23611	528	ਉਸਤਤਿ ਕਰਹਿ ਸੇਵਕ ਮੁਨਿ ਕੇਤੇ ਤੇਰਾ ਅੰਤੁ ਨ ਕਤਹੂ ਪਾਈਐ॥		Ousathath Karehi Saevak Mun Kaethae Thaeraa Anth N Kathehoo Paaeeai ||	So many of Your servants and silent sages sing Your Praises, but no one has found Your limits.	(ਹੇ ਪ੍ਰਭੂ!) ਬੇਅੰਤ ਰਿਸ਼ੀ ਮੁਨੀ ਤੇ ਤੇਰੇ ਸੇਵਕ ਤੇਰੀ ਵਡਿਆਈ ਕਰਦੇ ਆ ਰਹੇ ਹਨ, ਪਰ, ਕਿਸੇ ਨੇ ਤੇਰੇ ਗੁਣਾਂ ਦਾ ਅੰਤ ਨਹੀਂ ਪਾਇਆ।

23612	528	ਸੁਖਦਾਤੇ ਦੁਖਭੰਜਨ ਸੁਆਮੀ ਜਨ ਨਾਨਕ ਸਦ ਬਲਿ ਜਾਈਐ॥੨॥੧॥		Sukhadhaathae Dhukh Bhanjan Suaamee Jan Naanak Sadh Bal Jaaeeai ||2||1||	O Giver of peace, Destroyer of pain, Lord and Master - servant Nanak is forever a sacrifice to You. ||2||1||	ਹੇ ਸੁਖ ਦੇਣ ਵਾਲੇ! ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਦਾਸ ਨਾਨਕ ਤੈਥੋਂ ਸਦਾ ਸਦਕੇ ਜਾਂਦਾ ਹੈ ॥੨॥੧॥
23613	528	ਦੇਵਗੰਧਾਰੀ॥		Dhaevagandhhaare e ||	Dayv-Gandhaaree:	
23614	528	ਮਾਈ ਹੋਨਹਾਰ ਸੋ ਹੋਈਐ॥		Maaee Honehaar So Hoeeai ||	O mother, whatever is to be, shall be.	ਹੇ ਮਾਂ! (ਜਗਤ ਵਿਚ) ਉਹੀ ਕੁਝ ਵਰਤ ਰਿਹਾ ਹੈ ਜੋ (ਪਰਮਾਤਮਾ ਦੀ ਰਜ਼ਾ ਅਨੁਸਾਰ) ਜ਼ਰੂਰ ਵਾਪਰਨਾ ਹੈ।
23615	528	ਰਾਚਿ ਰਹਿਓ ਰਚਨਾ ਪ੍ਰਭੁ ਅਪਨੀ ਕਹਾ ਲਾਭੁ ਕਹਾ ਖੋਈਐ॥੧॥ਰਹਾਉ॥		Raach Rehiou Rachanaa Prabh Apanee Kehaa Laabh Kehaa Khoeeai ||1|| Rehaao ||	God pervades His pervading creation; one gains, while another loses. ||1||Pause||	ਪਰਮਾਤਮਾ ਆਪ ਆਪਣੀ ਇਸ ਜਗਤ-ਖੇਡ ਵਿਚ ਰੁੱਝਾ ਪਿਆ ਹੈ, ਕਿਤੇ ਲਾਭ ਦੇ ਰਿਹਾ ਹੈ, ਕਿਤੇ ਕੁਝ ਖੋਹ ਰਿਹਾ ਹੈ ॥੧॥ ਰਹਾਉ ॥

23616	528	ਕਹ ਫੂਲਹਿ ਆਨੰਦ ਬਿਖੈ ਸੋਗ ਕਬ ਹਸਨੋ ਕਬ ਰੋਈਐ॥	ਹੱਸਨੋ	Keh Foolehi Aanandh Bikhai Sog Kab Hasano Kab Roeeai ||	Sometimes he blossoms in bliss, while at other times, he suffers in mourning. Sometimes he laughs, and sometimes he weeps.	ਕਿਤੇ ਖੁਸ਼ੀਆਂ ਵਧ ਫੁਲ ਰਹੀਆਂ ਹਨ, ਕਿਤੇ ਵਿਸ਼ੇ-ਵਿਕਾਰਾਂ ਦੇ ਕਾਰਨ ਗ਼ਮ-ਚਿੰਤਾ ਵਧ ਰਹੇ ਹਨ, ਕਿਤੇ ਹਾਸਾ ਹੋ ਰਿਹਾ ਹੈ, ਕਿਤੇ ਰੋਣਾ ਪਿਆ ਹੋਇਆ ਹੈ।
23617	528	ਕਬਹੂ ਮੈਲੁ ਭਰੇ ਅਭਿਮਾਨੀ ਕਬ ਸਾਧੂਸੰਗਿ ਧੋਈਐ॥੧॥		Kabehoo Mail Bharae Abhimaanee Kab Saadhhoo Sang Dhhoeeai ||1||	Sometimes he is filled with the filth of ego, while at other times, he washes it off in the Saadh Sangat, the Company of the Holy. ||1||	ਕਿਤੇ ਕੋਈ ਅਹੰਕਾਰੀ ਮਨੁੱਖ ਹਉਮੈ ਦੀ ਮੈਲ ਨਾਲ ਲਿਬੜੇ ਪਏ ਹਨ, ਕਿਤੇ ਗੁਰੂ ਦੀ ਸੰਗਤ ਵਿਚ ਬੈਠ ਕੇ (ਹਉਮੈ ਦੀ ਮੈਲ ਨੂੰ) ਧੋਤਾ ਜਾ ਰਿਹਾ ਹੈ ॥੧॥
23618	528	ਕੋਇ ਨ ਮੇਟੈ ਪ੍ਰਭ ਕਾ ਕੀਆ ਦੂਸਰ ਨਾਹੀ ਅਲੋਈਐ॥	(ਅਲੋਈਐ) ਦਿਸਦਾ	Koe N Maettai Prabh Kaa Keeaa Dhoosar Naahee Aloeeai ||	No one can erase the actions of God; I cannot see any other like Him.	ਕੋਈ ਜੀਵ ਉਸ ਪਰਮਾਤਮਾ ਦਾ ਕੀਤਾ (ਹੁਕਮ) ਮਿਟਾ ਨਹੀਂ ਸਕਦਾ ਤੇ ਕੋਈ ਉਸ ਬਿਨਾ ਕੋਈ ਦੂਜਾ ਨਹੀਂ ਦਿੱਸਦਾ।
23619	528	ਕਹੁ ਨਾਨਕ ਤਿਸੁ ਗੁਰ ਬਲਿਹਾਰੀ ਜਿਹ ਪ੍ਰਸਾਦਿ ਸੁਖਿ ਸੋਈਐ॥੨॥੨॥		Kahu Naanak This Gur Balihaaree Jih Prasaadh Sukh Soeeai ||2||2||	Says Nanak, I am a sacrifice to the Guru; by His Grace, I sleep in peace. ||2||2||	ਨਾਨਕ ਆਖਦਾ ਹੈ- ਮੈਂ ਉਸ ਗੁਰੂ ਤੋਂ ਕੁਰਬਾਨ ਹਾਂ ਜਿਸ ਦੀ ਕਿਰਪਾ ਨਾਲ (ਪਰਮਾਤਮਾ ਦੀ ਰਜ਼ਾ ਵਿਚ ਰਹਿ ਕੇ) ਆਤਮਕ ਆਨੰਦ ਵਿਚ ਲੀਨ ਰਹਿ ਸਕੀਦਾ ਹੈ ॥੨॥੨॥
23620	529	ਦੇਵਗੰਧਾਰੀ॥	ਸੁਨਤਪੋਲਾ	Dhaevagandhhaare e ||	Dayv-Gandhaaree:	

23621	529	ਮਾਈ ਸੁਨਤ ਸੋਚ ਭੈ ਡਰਤ॥		Maaee Sunath Soch Bhai Ddarath ||	O mother, I hear of death, and think of it, and I am filled with fear.	(ਖਸਮ-ਪ੍ਰਭੂ ਦੀ ਸਰਨ ਨਾਹ ਪੈਣ ਵਾਲੀਆਂ ਦੀ ਦਸ਼ਾ) ਸੁਣ ਕੇ ਮੈਨੂੰ ਸੋਚਾਂ ਫੁਰਦੀਆਂ ਹਨ, ਮੈਨੂੰ ਡਰ-ਸਹਮ ਵਾਪਰਦੇ ਹਨ, ਮੈਂ ਡਰਦੀ ਹਾਂ (ਕਿ ਕਿਤੇ ਮੇਰਾ ਭੀ ਇਹ ਹਾਲ ਨਾਹ ਹੋਵੇ)।
23622	529	ਮੇਰ ਤੇਰ ਤਜਉ ਅਭਿਮਾਨਾ ਸਰਨਿ ਸੁਆਮੀ ਕੀ ਪਰਤ॥੧॥ਰਹਾਉ॥		Maer Thaer Thajo Abhimaanaa Saran Suaamee Kee Parath ||1|| Rehaao ||	Renouncing 'mine and yours' and egotism, I have sought the Sanctuary of the Lord and Master. ||1||Pause||	ਇਸ ਵਾਸਤੇ ਮੇਰੀ ਸਦਾ ਇਹ ਤਾਂਘ ਰਹਿੰਦੀ ਹੈ ਕਿ ਮਾਲਕ-ਪ੍ਰਭੂ ਦੀ ਸਰਨ ਪਈ ਰਹਿ ਕੇ ਮੈਂ (ਆਪਣੇ ਅੰਦਰੋਂ) ਮੇਰ-ਤੇਰ ਗਵਾ ਦਿਆਂ ਤੇ ਅਹੰਕਾਰ ਤਿਆਗ ਦਿਆਂ ॥੧॥ ਰਹਾਉ ॥
23623	529	ਜੋ ਜੋ ਕਹੈ ਸੋਈ ਭਲ ਮਾਨਉ ਨਾਹਿਨ ਕਾ ਬੋਲ ਕਰਤ॥	(ਨਾਹਿਨ)ਪਤੀ। (੨. ਨਾਹਿ ਨ)	Jo Jo Kehai Soee Bhal Maano Naahi N Kaa Bol Karath ||	Whatever He says, I accept that as good. I do not say ""No"" to what He says.	ਪ੍ਰਭੂ-ਪਤੀ ਜੇਹੜਾ ਜੇਹੜਾ ਹੁਕਮ ਕਰਦਾ ਹੈ, ਮੈਂ ਉਸੇ ਨੂੰ ਭਲਾ ਮੰਨਦੀ ਹਾਂ ਤੇ ਮੈਂ ਉਸ ਦੀ ਰਜ਼ਾ ਦੇ ਉਲਟ ਬੋਲ ਨਹੀਂ ਬੋਲਦੀ।
23624	529	ਨਿਮਖ ਨ ਬਿਸਰਉ ਹੀਏ ਮੋਰੇ ਤੇ ਬਿਸਰਤ ਜਾਈ ਹਉ ਮਰਤ॥੧॥		Nimakh N Bisaro Heeeae Morae Thae Bisarath Jaaee Ho Marath ||1||	Let me not forget Him, even for an instant; forgetting Him, I die. ||1||	(ਮੇਰੀ ਸਦਾ ਇਹ ਅਰਦਾਸ ਹੈ ਕਿ) ਅੱਖ ਝਮਕਣ ਦੇ ਸਮੇ ਲਈ ਭੀ ਉਹ ਪ੍ਰਭੂ-ਪਤੀ ਮੇਰੇ ਹਿਰਦੇ ਤੋਂ ਨਾਹ ਵਿਸਰੇ, (ਉਸ ਦੇ) ਭੁਲਾਇਆਂ ਮੇਰੀ ਆਤਮਕ ਮੌਤ ਹੋ ਜਾਂਦੀ ਹੈ ॥੧॥

23625	529	ਸੁਖਦਾਈ ਪੂਰਨ ਪ੍ਰਭੁ ਕਰਤਾ ਮੇਰੀ ਬਹੁਤੁ ਇਆਨਪ ਜਰਤ॥		Sukhadhaaee Pooran Prabh Karathaa Maeree Bahuth Eiaanap Jarath ||	The Giver of peace, God, the Perfect Creator, endures my great ignorance.	ਉਹ ਸਰਬ-ਵਿਆਪਕ ਕਰਤਾਰ ਪ੍ਰਭੂ (ਮੈਨੂੰ) ਸਾਰੇ ਸੁਖ ਦੇਣ ਵਾਲਾ ਹੈ, ਮੇਰੇ ਅੰਞਾਣਪੁਣੇ ਨੂੰ ਉਹ ਬਹੁਤ ਸਹਾਰਦਾ ਰਹਿੰਦਾ ਹੈ।
23626	529	ਨਿਰਗੁਨਿ ਕਰੂਪਿ ਕੁਲ ਹੀਣ ਨਾਨਕ ਹਉ ਅਨਦ ਰੂਪ ਸੁਆਮੀ ਭਰਤ॥੨॥੩॥		Niragun Karoop Kuleheen Naanak Ho Anadh Roop Suaamee Bharath ||2||3||	I am worthless, ugly and of low birth, O Nanak, but my Husband Lord is the embodiment of bliss. ||2||3||	ਹੇ ਨਾਨਕ! ਮੈਂ ਤਾਂ ਗੁਣ-ਹੀਨ ਹਾਂ, ਕੋਝੀ ਸ਼ਕਲ ਵਾਲੀ ਹਾਂ, ਮੇਰੀ ਕੁਲ ਭੀ ਉੱਚੀ ਨਹੀਂ ਹੈ; ਪਰ, ਮੇਰਾ ਖਸਮ-ਪ੍ਰਭੂ ਸਦਾ ਖਿੜੇ ਮੱਥੇ ਰਹਿਣ ਵਾਲਾ ਹੈ ॥੨॥੩॥
23627	529	ਦੇਵਗੰਧਾਰੀ॥		Dhaevagandhhaare e ||	Dayv-Gandhaaree:	
23628	529	ਮਨ ਹਰਿ ਕੀਰਤਿ ਕਰਿ ਸਦਹੂੰ॥		Man Har Keerath Kar Sadhehoon ||	O my mind, chant forever the Kirtan of the Lord's Praises.	ਹੇ (ਮੇਰੇ) ਮਨ! ਸਦਾ ਹੀ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਰਹੁ।
23629	529	ਗਾਵਤ ਸੁਨਤ ਜਪਤ ਉਧਾਰੈ ਬਰਨ ਅਬਰਨਾ ਸਭਹੂੰ॥੧॥ਰਹਾਉ॥	(ਬਰਨ) ਉੱਚੀ ਜਾਤ। (ਅ-ਬਰਨਾ) ਨੀਵੀਂ ਜਾਤ	Gaavath Sunath Japath Oudhhaarai Baran Abaranaa Sabhehoon ||1|| Rehaao ||	By singing, hearing and meditating on Him, all, whether of high or low status, are saved. ||1||Pause||	(ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਗੀਤ) ਗਾਣ ਵਾਲਿਆਂ ਨੂੰ, ਸੁਣਨ ਵਾਲਿਆਂ ਨੂੰ, ਨਾਮ ਜਪਣ ਵਾਲਿਆਂ ਨੂੰ, ਸਭਨਾਂ ਨੂੰ ਪਰਮਾਤਮਾ ਸੰਸਾਰ-ਸਮੁੰਦਰ ਤੋਂ ਬਚਾ ਲੈਂਦਾ ਹੈ ਭਾਵੇਂ ਉਹ ਉੱਚੀ ਜਾਤ ਵਾਲੇ ਹੋਣ ਜਾਂ ਨੀਵੀਂ ਜਾਤਿ ਵਾਲੇ ॥੧॥ ਰਹਾਉ ॥

23630	529	ਜਹ ਤੇ ਉਪਜਿਓ ਤਹੀ ਸਮਾਇਓ ਇਹ ਬਿਧਿ ਜਾਨੀ ਤਬਹੂੰ॥		Jeh Thae Oupajiou Thehee Samaaeiou Eih Bidhh Jaanee Thabehoon ||	He is absorbed into the One from which he originated, when he understands the Way.	(ਜਦੋਂ ਸਿਫ਼ਤ-ਸਾਲਾਹ ਕਰਦੇ ਰਹੀਏ) ਤਦੋਂ ਹੀ ਇਹ ਵਿਧੀ ਸਮਝ ਵਿਚ ਆਉਂਦੀ ਹੈ ਕਿ ਜਿਸ ਪ੍ਰਭੂ ਤੋਂ ਜੀਵ ਪੈਦਾ ਹੁੰਦਾ ਹੈ ਤੇ ਉਸੇ ਵਿਚ ਲੀਨ ਹੋ ਜਾਂਦਾ ਹੈ।
23631	529	ਜਹਾ ਜਹਾ ਇਹ ਦੇਹੀ ਧਾਰੀ ਰਹਨੁ ਨ ਪਾਇਓ ਕਬਹੂੰ॥੧॥		Jehaa Jehaa Eih Dhaehee Dhhaaree Rehan N Paaeiou Kabehoon ||1||	Wherever this body was fashioned, it was not allowed to remain there. ||1||	(ਹੇ ਮਨ!) ਜਿੱਥੇ ਜਿੱਥੇ ਭੀ ਪਰਮਾਤਮਾ ਨੇ ਸਰੀਰ-ਰਚਨਾ ਕੀਤੀ ਹੈ, ਕਦੇ ਭੀ ਕੋਈ ਸਦਾ ਇਥੇ ਟਿਕਿਆ ਨਹੀਂ ਰਹਿ ਸਕਦਾ ॥੧॥
23632	529	ਸੁਖੁ ਆਇਓ ਭੈ ਭਰਮ ਬਿਨਾਸੇ ਕ੍ਰਿਪਾਲ ਹੂਏ ਪ੍ਰਭ ਜਬਹੂ॥		Sukh Aaeiou Bhai Bharam Binaasae Kirapaal Hooeae Prabh Jabehoo ||	Peace comes, and fear and doubt are dispelled, when God becomes Merciful.	ਜਦੋਂ ਪ੍ਰਭੂ ਦਇਆਵਾਨ ਹੁੰਦਾ ਹੈ (ਤਾਂ ਉਸ ਦੀ ਮੇਹਰ ਨਾਲ) ਆਨੰਦ (ਹਿਰਦੇ ਵਿਚ) ਆ ਵੱਸਦਾ ਹੈ ਤੇ ਸਾਰੇ ਡਰ ਭਰਮ ਨਾਸ ਹੋ ਜਾਂਦੇ ਹਨ।
23633	529	ਕਹੁ ਨਾਨਕ ਮੇਰੇ ਪੂਰੇ ਮਨੋਰਥ ਸਾਧਸੰਗਿ ਤਜਿ ਲਬਹੂੰ॥੨॥੪॥	(ਲੱਬਹੂੰ) ਲਾਲਚ	Kahu Naanak Maerae Poorae Manorathh Saadhhasang Thaj Labehoon ||2||4||	Says Nanak, my hopes have been fulfilled, renouncing my greed in the Saadh Sangat, the Company of the Holy. ||2||4||	ਨਾਨਕ ਆਖਦਾ ਹੈ- ਸਾਧ ਸੰਗਤ ਵਿਚ (ਸਿਫ਼ਤ-ਸਾਲਾਹ ਦੀ ਬਰਕਤਿ ਨਾਲ) ਲਾਲਚ ਤਿਆਗ ਕੇ ਮੇਰੇ ਸਾਰੇ ਮਨੋਰਥ ਪੂਰੇ ਹੋ ਗਏ ਹਨ ॥੨॥੪॥
23634	529	ਦੇਵਗੰਧਾਰੀ॥		Dhaevagandhhaare e ||	Dayv-Gandhaaree:	

23635	529	ਮਨ ਜਿਉ ਅਪੁਨੇ ਪ੍ਰਭ ਭਾਵਉ॥		Man Jio Apunae Prabh Bhaavo ||	O my mind, act as it pleases God.	ਹੇ ਮੇਰੇ ਮਨ! ਮੈਂ ਆਪਣੇ ਉਸ ਪ੍ਰਭੂ ਨੂੰ ਚੰਗਾ ਲੱਗਣ ਲੱਗ ਪਵਾਂ!
23636	529	ਨੀਚਹੁ ਨੀਚੁ ਨੀਚੁ ਅਤਿ ਨਾਨ੍ਹਾ ਹੋਇ ਗਰੀਬੁ ਬੁਲਾਵਉ॥੧॥ਰਹਾਉ ॥		Neechahu Neech Neech Ath Naanhaa Hoe Gareeb Bulaavo ||1|| Rehaao ||	Become the lowest of the low, the very least of the tiny, and speak in utmost humility. ||1||Pause||	ਭਾਵੇਂ ਮੈਂਨੂੰ ਨੀਵਿਆਂ ਤੋਂ ਨੀਵਾਂ ਹੋ ਕੇ, ਬਹੁਤ ਨੀਵਾਂ ਹੋ ਕੇ, ਨਿਮਾਣਾ ਹੋ ਕੇ, ਗ਼ਰੀਬ ਬਣ ਕੇ, ਉਸ ਪ੍ਰਭੂ ਅੱਗੇ ਅਰਜ਼ ਕਰਨੀ ਪਵੇ ॥੧॥ ਰਹਾਉ ॥
23637	529	ਅਨਿਕ ਅਡੰਬਰ ਮਾਇਆ ਕੇ ਬਿਰਥੇ ਤਾ ਸਿਉ ਪ੍ਰੀਤਿ ਘਟਾਵਉ॥		Anik Addanbar Maaeiaa Kae Birathhae Thaa Sio Preeth Ghattaavo ||	The many ostentatious shows of Maya are useless; I withhold my love from these.	ਮਾਇਆ ਦੇ ਇਹ ਅਨੇਕਾਂ ਖਿਲਾਰੇ ਵਿਅਰਥ ਹਨ ਜਿਨ੍ਹਾਂ ਕਾਰਨ ਮੈਂ ਪ੍ਰਭੂ ਨਾਲੋਂ ਆਪਣਾ ਪਿਆਰ ਘਟਾਈ ਜਾ ਰਿਹਾ ਹਾਂ।
23638	529	ਜਿਉ ਅਪੁਨੋ ਸੁਆਮੀ ਸੁਖੁ ਮਾਨੈ ਤਾ ਮਹਿ ਸੋਭਾ ਪਾਵਉ॥੧॥		Jio Apuno Suaamee Sukh Maanai Thaa Mehi Sobhaa Paavo ||1||	As something pleases my Lord and Master, in that I find my glory. ||1||	ਜਿਵੇਂ ਮੇਰਾ ਆਪਣਾ-ਮਾਲਕ ਪ੍ਰਭੂ ਸੁਖ ਮੰਨਦਾ ਹੈ, ਮੈਂ ਭੀ ਉਸੇ ਵਿਚ (ਸੁਖ ਮੰਨ ਕੇ) ਇੱਜ਼ਤ ਪ੍ਰਾਪਤ ਕਰਦਾ ਹਾਂ ॥੧॥
23639	529	ਦਾਸਨ ਦਾਸ ਰੇਣੁ ਦਾਸਨ ਕੀ ਜਨ ਕੀ ਟਹਲ ਕਮਾਵਉ॥		Dhaasan Dhaas Raen Dhaasan Kee Jan Kee Ttehal Kamaavo ||	I am the slave of His slaves; becoming the dust of the feet of his slaves, I serve His humble servants.	ਮੈਂ ਆਪਣੇ ਪ੍ਰਭੂ ਦੇ ਦਾਸਾਂ ਦੇ ਦਾਸਾਂ ਦੀ ਚਰਨ-ਧੂੜ ਮੰਗਦਾ ਹਾਂ, ਮੈਂ ਪ੍ਰਭੂ ਦੇ ਸੇਵਕਾਂ ਦੀ ਸੇਵਾ ਕਰਦਾ ਹਾਂ।

23640	529	ਸਰਬ ਸੂਖ ਬਡਿਆਈ ਨਾਨਕ ਜੀਵਉ ਮੁਖਹੁ ਬੁਲਾਵਉ॥੨॥੫॥		Sarab Sookh Baddiaaee Naanak Jeevo Mukhahu Bulaavo ||2||5||	I obtain all peace and greatness, O Nanak, living to chant His Name with my mouth. ||2||5||	ਹੇ ਨਾਨਕ! ਜਦੋਂ ਮੈਂ ਆਪਣੇ ਪ੍ਰਭੂ ਨੂੰ ਮੂੰਹ ਨਾਲ ਬੁਲਾਂਦਾ ਹਾਂ ਮੈਂ ਆਤਮਕ ਜੀਵਨ ਹਾਸਲ ਕਰ ਲੈਂਦਾ ਹਾਂ ॥੨॥੫॥
23641	529	ਦੇਵਗੰਧਾਰੀ॥		Dhaevagandhhaare e ||	Dayv-Gandhaaree:	
23642	529	ਪ੍ਰਭ ਜੀ ਤਉ ਪ੍ਰਸਾਦਿ ਭ੍ਰਮੁ ਡਾਰਿਓ॥		Prabh Jee Tho Prasaadh Bhram Ddaariou ||	Dear God, by Your Grace, my doubts have been dispelled.	ਹੇ ਪ੍ਰਭੂ ਜੀ! ਤੇਰੀ ਮੇਹਰ ਨਾਲ ਮੈਂ ਆਪਣੇ ਮਨ ਦੀ ਭਟਕਣਾ ਦੂਰ ਕਰ ਲਈ ਹੈ।
23643	529	ਤੁਮਰੀ ਕ੍ਰਿਪਾ ਤੇ ਸਭੁ ਕੋ ਅਪਨਾ ਮਨ ਮਹਿ ਇਹੈ ਬੀਚਾਰਿਓ॥੧॥ਰਹਾਉ॥		Thumaree Kirapaa Thae Sabh Ko Apanaa Man Mehi Eihai Beechaariou ||1|| Rehaao ||	By Your Mercy, all are mine; I reflect upon this in my mind. ||1||Pause||	ਤੇਰੀ ਹੀ ਕਿਰਪਾ ਨਾਲ ਮੈਂ ਆਪਣੇ ਮਨ ਵਿਚ ਇਹ ਨਿਸ਼ਚਾ ਬਣਾ ਲਿਆ ਹੈ ਕਿ (ਤੇਰਾ ਪੈਦਾ ਕੀਤਾ ਹੋਇਆ) ਹਰੇਕ ਪ੍ਰਾਣੀ ਮੇਰਾ ਆਪਣਾ ਹੀ ਹੈ ॥੧॥ ਰਹਾਉ ॥
23644	529	ਕੋਟਿ ਪਰਾਧ ਮਿਟੇ ਤੇਰੀ ਸੇਵਾ ਦਰਸਨਿ ਦੂਖੁ ਉਤਾਰਿਓ॥		Kott Paraadhh Mittae Thaeree Saevaa Dharasan Dhookh Outhaariou ||	Millions of sins are erased, by serving You; the Blessed Vision of Your Darshan drives away sorrow.	ਹੇ ਪ੍ਰਭੂ! ਤੇਰੀ ਸੇਵਾ-ਭਗਤੀ ਕਰਨ ਨਾਲ ਮੇਰੇ ਕ੍ਰੋੜਾਂ ਹੀ ਪਾਪ ਮਿੱਟ ਗਏ ਹਨ ਤੇ ਤੇਰੇ ਦਰਸਨ ਨਾਲ ਮੈਂ ਦੁੱਖ ਲਾਹ ਲਿਆ ਹੈ।

23645	529	ਨਾਮੁ ਜਪਤ ਮਹਾ ਸੁਖੁ ਪਾਇਓ ਚਿੰਤਾ ਰੋਗੁ ਬਿਦਾਰਿਓ॥੧॥		Naam Japath Mehaa Sukh Paaeiou Chinthaa Rog Bidhaariou ||1||	Chanting Your Name, I have obtained supreme peace, and my anxieties and diseases have been cast out. ||1||	ਤੇਰਾ ਨਾਮ ਜਪਦਿਆਂ ਮੈਂ ਬੜਾ ਆਨੰਦ ਮਾਣਿਆ ਹੈ, ਤੇ, ਚਿੰਤਾ ਰੋਗ (ਆਪਣੇ ਮਨ ਵਿਚੋਂ) ਦੂਰ ਕਰ ਲਿਆ ਹੈ ॥੧॥
23646	529	ਕਾਮੁ ਕ੍ਰੋਧੁ ਲੋਭੁ ਝੂਠੁ ਨਿੰਦਾ ਸਾਧੂਸੰਗਿ ਬਿਸਾਰਿਓ॥		Kaam Krodhh Lobh Jhooth Nindhaa Saadhhoo Sang Bisaariou ||	Sexual desire, anger, greed, falsehood and slander are forgotten, in the Saadh Sangat, the Company of the Holy.	ਹੇ ਪ੍ਰਭੂ! ਗੁਰੂ ਦੀ ਸੰਗਤ ਵਿਚ ਟਿਕ ਕੇ ਮੈਂ ਕਾਮ, ਕ੍ਰੋਧ, ਲੋਭ, ਝੂਠ, ਨਿੰਦਾ ਨੂੰ (ਆਪਣੇ ਮਨ ਵਿਚੋਂ) ਭੁਲਾ ਹੀ ਲਿਆ ਹੈ।
23647	529	ਮਾਇਆ ਬੰਧ ਕਾਟੇ ਕਿਰਪਾਨਿਧਿ ਨਾਨਕ ਆਪਿ ਉਧਾਰਿਓ॥੨॥੬॥		Maaeiaa Bandhh Kaattae Kirapaa Nidhh Naanak Aap Oudhhaariou ||2||6||	The ocean of mercy has cut away the bonds of Maya; O Nanak, He has saved me. ||2||6||	ਹੇ ਨਾਨਕ! ਕਿਰਪਾ ਦੇ ਖ਼ਜ਼ਾਨੇ ਪ੍ਰਭੂ ਨੇ ਮੇਰੇ ਮਾਇਆ ਦੇ ਬੰਧਨ ਕੱਟ ਦਿੱਤੇ ਹਨ ਤੇ ਆਪ ਹੀ ਉਸ ਨੇ ਮੈਨੂੰ (ਸੰਸਾਰ-ਸਮੁੰਦਰ ਵਿਚੋਂ) ਬਚਾ ਲਿਆ ਹੈ ॥੨॥੬॥
23648	529	ਦੇਵਗੰਧਾਰੀ॥		Dhaevagandhhaare e ||	Dayv-Gandhaaree:	
23649	529	ਮਨ ਸਗਲ ਸਿਆਨਪ ਰਹੀ॥		Man Sagal Siaanap Rehee ||	All the cleverness of my mind is gone.	ਹੇ ਮੇਰੇ ਮਨ! ਉਸ ਦੀ (ਆਪਣੀ) ਸਾਰੀ ਚਤੁਰਾਈ ਮੁੱਕ ਜਾਂਦੀ ਹੈ,

23650	529	ਕਰਨ ਕਰਾਵਨਹਾਰ ਸੁਆਮੀ ਨਾਨਕ ਓਟ ਗਹੀ॥੧॥ਰਹਾਉ॥		Karan Karaavanehaar Suaamee Naanak Outt Gehee ||1|| Rehaao ||	The Lord and Master is the Doer, the Cause of causes; Nanak holds tight to His Support. ||1||Pause||	ਜੋ ਮਨੁੱਖ ਸਭ ਕੁਝ ਕਰ ਸਕਣ ਤੇ ਸਭ ਕੁਝ (ਜੀਵਾਂ ਪਾਸੋਂ) ਕਰਾ ਸਕਣ ਵਾਲੇ ਪਰਮਾਤਮਾ ਮਾਲਕ ਦਾ ਆਸਰਾ ਲੈ ਲੈਂਦਾ ਹੈ, ਹੇ ਨਾਨਕ!॥੧॥ ਰਹਾਉ॥
23651	529	ਆਪੁ ਮੇਟਿ ਪਏ ਸਰਣਾਈ ਇਹ ਮਤਿ ਸਾਧੂ ਕਹੀ॥		Aap Maett Peae Saranaaee Eih Math Saadhhoo Kehee ||	Erasing my self-conceit, I have entered His Sanctuary; these are the Teachings spoken by the Holy Guru.	ਜਿਨ੍ਹਾਂ ਨੇ ਗੁਰੂ ਦੀ ਦੱਸੀ ਹੋਈ ਇਹ (ਆਪਣੀ ਸਿਆਣਪ-ਚਤੁਰਾਈ ਛੱਡ ਦੇਣ ਵਾਲੀ) ਸਿੱਖਿਆ ਗ੍ਰਹਣ ਕੀਤੀ ਤੇ ਜੋ ਆਪਾ-ਭਾਵ ਮਿਟਾ ਕੇ ਪ੍ਰਭੂ ਦੀ ਸਰਨ ਆ ਪਏ,
23652	529	ਪ੍ਰਭ ਕੀ ਆਗਿਆ ਮਾਨਿ ਸੁਖੁ ਪਾਇਆ ਭਰਮੁ ਅਧੇਰਾ ਲਹੀ॥੧॥		Prabh Kee Aagiaa Maan Sukh Paaeiaa Bharam Adhhaeraa Lehee ||1||	Surrendering to the Will of God, I attain peace, and the darkness of doubt is dispelled. ||1||	ਉਹਨਾਂ ਨੇ ਪ੍ਰਭੂ ਦੀ ਰਜ਼ਾ ਮੰਨ ਕੇ ਆਤਮਕ ਆਨੰਦ ਮਾਣਿਆ ਤੇ ਉਹਨਾਂ ਦੇ ਅੰਦਰੋਂ ਭਰਮ (-ਰੂਪ) ਹਨੇਰਾ ਦੂਰ ਹੋ ਗਿਆ ॥੧॥
23653	529	ਜਾਨ ਪ੍ਰਬੀਨ ਸੁਆਮੀ ਪ੍ਰਭ ਮੇਰੇ ਸਰਣਿ ਤੁਮਾਰੀ ਅਹੀ॥		Jaan Prabeen Suaamee Prabh Maerae Saran Thumaaree Ahee ||	I know that You are all-wise, O God, my Lord and Master; I seek Your Sanctuary.	ਹੇ ਸੁਜਾਨ ਤੇ ਸਿਆਣੇ ਮਾਲਕ! ਹੇ ਮੇਰੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ।

23654	529	ਖਿਨ ਮਹਿ ਥਾਪਿ ਉਥਾਪਨਹਾਰੇ ਕੁਦਰਤਿ ਕੀਮ ਨ ਪਹੀ॥੨॥੭॥	ਉਥਾਪਨ-ਹਾਰੇ	Khin Mehi Thhaap Outhhaapanehaare Kudharath Keem N Pehee ||2||7||	In an instant, You establish and disestablish; the value of Your Almighty Creative Power cannot be estimated. ||2||7||	ਹੇ ਇਕ ਖਿਨ ਵਿਚ ਪੈਦਾ ਕਰ ਕੇ ਨਾਸ ਕਰਨ ਦੀ ਤਾਕਤ ਰੱਖਣ ਵਾਲੇ ਪ੍ਰਭੂ! (ਕਿਸੇ ਪਾਸੋਂ) ਤੇਰੀ ਤਾਕਤ ਦਾ ਮੁੱਲ ਨਹੀਂ ਪੈ ਸਕਦਾ ॥੨॥੭॥
23655	529	ਦੇਵਗੰਧਾਰੀ ਮਹਲਾ ੫॥		Dhaevagandhhaaree Mehalaa 5 ||	Dayv-Gandhaaree, Fifth Mehl:	
23656	529	ਹਰਿ ਪ੍ਰਾਨ ਪ੍ਰਭੂ ਸੁਖਦਾਤੇ॥		Har Praan Prabhoo Sukhadhaathae ||	The Lord God is my praanaa, my breath of life; He is the Giver of peace.	ਹੇ ਜਿੰਦ ਦੇਣ ਵਾਲੇ ਹਰੀ! ਹੇ ਸੁਖ ਦੇਣ ਵਾਲੇ ਪ੍ਰਭੂ!
23657	529	ਗੁਰ ਪ੍ਰਸਾਦਿ ਕਾਹੂ ਜਾਤੇ॥੧॥ਰਹਾਉ॥		Gur Prasaadh Kaahoo Jaathae ||1|| Rehaao ||	By Guru's Grace, only a few know Him. ||1||Pause||	ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਕਿਰਪਾ ਦੀ ਰਾਹੀਂ ਤੇਰੇ ਨਾਲ ਡੂੰਘੀ ਸਾਂਝ ਪਾਈ ਹੈ ॥੧॥ ਰਹਾਉ ॥
23658	529	ਸੰਤ ਤੁਮਾਰੇ ਤੁਮਰੇ ਪ੍ਰੀਤਮ ਤਿਨ ਕਉ ਕਾਲ ਨ ਖਾਤੇ॥		Santh Thumaarae Thumarae Preetham Thin Ko Kaal N Khaathae ||	Your Saints are Your Beloveds; death does not consume them.	ਹੇ ਪ੍ਰੀਤਮ ਪ੍ਰਭੂ! ਜੇਹੜੇ ਤੇਰੇ ਸੰਤ ਤੇਰੇ ਹੀ ਬਣੇ ਰਹਿੰਦੇ ਹਨ, ਆਤਮਕ ਮੌਤ ਉਹਨਾਂ ਦੇ ਸੁੱਚੇ ਜੀਵਨ ਨੂੰ ਮੁਕਾ ਨਹੀਂ ਸਕਦੀ।

23659	529	ਰੰਗਿ ਤੁਮਾਰੈ ਲਾਲ ਭਏ ਹੈ ਰਾਮ ਨਾਮ ਰਸਿ ਮਾਤੇ॥੧॥	ਮੱਾਤੇ	Rang Thumaarai Laal Bheae Hai Raam Naam Ras Maathae ||1||	They are dyed in the deep crimson color of Your Love, and they are intoxicated with the sublime essence of the Lord's Name. ||1||	ਹੇ ਪ੍ਰਭੂ! ਉਹ ਤੇਰੇ ਸੰਤ ਤੇਰੇ ਪ੍ਰੇਮ-ਰੰਗ ਵਿਚ ਲਾਲ ਹੋਏ ਰਹਿੰਦੇ ਹਨ, ਉਹ ਤੇਰੇ ਨਾਮ-ਰਸ ਵਿਚ ਮਸਤ ਰਹਿੰਦੇ ਹਨ ॥੧॥
23660	530	ਮਹਾ ਕਿਲਬਿਖ ਕੋਟਿ ਦੋਖ ਰੋਗਾ ਪ੍ਰਭ ਦ੍ਰਿਸਟਿ ਤੁਹਾਰੀ ਹਾਤੇ॥	(ਹਾਤੇ) ਨਾਸ	Mehaa Kilabikh Kott Dhokh Rogaa Prabh Dhrisatt Thuhaaree Haathae ||	The greatest sins, and millions of pains and diseases are destroyed by Your Gracious Glance, O God.	ਹੇ ਪ੍ਰਭੂ! (ਜੀਵਾਂ ਦੇ ਕੀਤੇ ਹੋਏ) ਵੱਡੇ ਵੱਡੇ ਪਾਪ, ਕ੍ਰੋੜਾਂ ਐਬ ਤੇ ਰੋਗ ਤੇਰੀ ਮੇਹਰ ਦੀ ਨਿਗਾਹ ਨਾਲ ਨਾਸ ਹੋ ਜਾਂਦੇ ਹਨ।
23661	530	ਸੋਵਤ ਜਾਗਿ ਹਰਿ ਹਰਿ ਹਰਿ ਗਾਇਆ ਨਾਨਕ ਗੁਰ ਚਰਨ ਪਰਾਤੇ॥੨॥੮॥		Sovath Jaag Har Har Har Gaeiaa Naanak Gur Charan Paraathae ||2||8||	While sleeping and waking, Nanak sings the Lord's Name, Har, Har, Har; he falls at the Guru's feet. ||2||8||	ਹੇ ਨਾਨਕ! ਜੇਹੜੇ ਮਨੁੱਖ ਗੁਰੂ ਦੀ ਚਰਨੀਂ ਆ ਪੈਂਦੇ ਹਨ ਉਹ ਸੁੱਤਿਆਂ ਜਾਗਦਿਆਂ ਹਰ ਵੇਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦੇ ਰਹਿੰਦੇ ਹਨ ॥੨॥੮॥
23662	530	ਦੇਵਗੰਧਾਰੀ ੫॥	ਪੰਜਵਾਂ	Dhaevagandhhaare e 5 ||	Dayv-Gandhaaree, Fifth Mehl:	
23663	530	ਸੋ ਪ੍ਰਭੁ ਜਤ ਕਤ ਪੇਖਿਓ ਨੈਣੀ॥		So Prabh Jath Kath Paekhiou Nainee ||	I have seen that God with my eyes everywhere.	ਉਸ ਪ੍ਰਭੂ ਨੂੰ ਮੈਂ (ਗੁਰੂ ਦੀ ਕਿਰਪਾ ਨਾਲ) ਹਰ ਥਾਂ ਆਪਣੀ ਅੱਖੀਂ ਵੇਖ ਲਿਆ ਹੈ,

23664	530	ਸੁਖਦਾਈ ਜੀਅਨ ਕੋ ਦਾਤਾ ਅੰਮ੍ਰਿਤੁ ਜਾ ਕੀ ਬੈਣੀ॥੧॥ਰਹਾਉ॥		Sukhadhaaee Jeean Ko Dhaathaa Anmrith Jaa Kee Bainee ||1|| Rehaao ||	The Giver of peace, the Giver of souls, His Speech is Ambrosial Nectar. ||1||Pause||	ਜੇਹੜਾ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ ਸਾਰੇ ਸੁਖ ਦੇਣ ਵਾਲਾ ਹੈ ਤੇ ਜਿਸ ਦੀ ਸਿਫ਼ਤ ਸਾਲਾਹ-ਭਰੇ ਗੁਰ-ਸ਼ਬਦਾਂ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਹੈ ॥੧॥ ਰਹਾਉ ॥
23665	530	ਅਗਿਆਨੁ ਅਧੇਰਾ ਸੰਤੀ ਕਾਟਿਆ ਜੀਅ ਦਾਨੁ ਗੁਰ ਦੈਣੀ॥	ਸੰਤੀਂ	Agiaan Adhhaeraa Santhee Kaattiaa Jeea Dhaan Gur Dhainee ||	The Saints dispel the darkness of ignorance; the Guru is the Giver of the gift of life.	ਸੰਤ ਜਨਾਂ ਨੇ (ਮੇਰੇ ਅੰਦਰੋਂ) ਅਗਿਆਨ-ਹਨੇਰਾ ਕੱਟ ਦਿੱਤਾ ਹੈ, ਦੇਣਹਾਰ ਗੁਰੂ ਨੇ ਮੈਨੂੰ ਆਤਮਕ ਜੀਵਨ ਦੀ ਦਾਤ ਬਖਸ਼ੀ ਹੈ।
23666	530	ਕਰਿ ਕਿਰਪਾ ਕਰਿ ਲੀਨੋ ਅਪੁਨਾ ਜਲਤੇ ਸੀਤਲ ਹੋਣੀ॥੧॥	(ਜਲਤੇ) ਸੜਦੇ	Kar Kirapaa Kar Leeno Apunaa Jalathae Seethal Honee ||1||	Granting His Grace, the Lord has made me His own; I was on fire, but now I am cooled. ||1||	ਪ੍ਰਭੂ ਨੇ ਮੇਹਰ ਕਰ ਕੇ ਮੈਨੂੰ ਆਪਣਾ (ਸੇਵਕ) ਬਣਾ ਲਿਆ ਹੈ (ਤ੍ਰਿਸ਼ਨਾ-ਅੱਗ ਵਿਚ) ਸੜ ਰਿਹਾ (ਸਾਂ, ਹੁਣ) ਮੈਂ ਸ਼ਾਂਤ-ਚਿੱਤ ਹੋ ਗਿਆ ਹਾਂ ॥੧॥
23667	530	ਕਰਮੁ ਧਰਮੁ ਕਿਛੁ ਉਪਜਿ ਨ ਆਇਓ ਨਹ ਉਪਜੀ ਨਿਰਮਲ ਕਰਣੀ॥		Karam Dhharam Kishh Oupaj N Aaeiou Neh Oupajee Niramal Karanee ||	The karma of good deeds, and the Dharma of righteous faith, have not been produced in me, in the least; nor has pure conduct welled up in me.	(ਸ਼ਾਸਤ੍ਰਾਂ ਅਨੁਸਾਰ ਮਿਥਿਆ ਹੋਇਆ ਕੋਈ) ਧਾਰਮਿਕ ਕੰਮ ਮੈਥੋਂ ਹੋ ਨਹੀਂ ਸਕਿਆ, (ਤੀਰਥ-ਇਸ਼ਨਾਨ ਆਦਿਕ ਦੀ ਰਾਹੀਂ) ਸਰੀਰਕ ਸੁੱਚਤਾ ਵਾਲਾ ਕੋਈ ਕੰਮ ਮੈਂ ਕਰ ਨਹੀਂ ਸਕਿਆ।

23668	530	ਛਾਡਿ ਸਿਆਨਪ ਸੰਜਮ ਨਾਨਕ ਲਾਗੋ ਗੁਰ ਕੀ ਚਰਣੀ॥੨॥੯॥		Shhaadd Siaanap Sanjam Naanak Laago Gur Kee Charanee ||2||9||	Renouncing cleverness and self-mortification, O Nanak, I fall at the Guru's feet. ||2||9||	ਹੇ ਨਾਨਕ! ਆਪਣੀ ਚਤੁਰਾਈ ਤੇ ਇੰਦ੍ਰਿਆਂ ਨੂੰ ਵੱਸ ਕਰਨ ਦੇ ਯਤਨ ਛੱਡ ਕੇ ਮੈਂ ਗੁਰੂ ਦੀ ਚਰਨੀਂ ਆ ਪਿਆ ਹਾਂ ॥੨॥੯॥
23669	530	ਦੇਵਗੰਧਾਰੀ ੫॥		Dhaevagandhhaare 5 ||	Dayv-Gandhaaree, Fifth Mehl:	
23670	530	ਹਰਿ ਰਾਮ ਨਾਮੁ ਜਪਿ ਲਾਹਾ॥		Har Raam Naam Jap Laahaa ||	Chant the Lord's Name, and earn the profit.	ਪਰਮਾਤਮਾ ਦਾ ਨਾਮ ਜਪ ਜਪ ਕੇ ਮਨੁੱਖਾ ਜਨਮ ਦਾ ਲਾਭ ਖੱਟ!
23671	530	ਗਤਿ ਪਾਵਹਿ ਸੁਖ ਸਹਜ ਅਨੰਦਾ ਕਾਟੇ ਜਮ ਕੇ ਫਾਹਾ॥੧॥ਰਹਾਉ॥		Gath Paavehi Sukh Sehaj Anandhaa Kaattae Jam Kae Faahaa ||1|| Rehaao ||	You shall attain salvation, peace, poise and bliss, and the noose of Death shall be cut away. ||1||Pause||	ਇੰਜ ਤੂੰ ਉੱਚੀ ਆਤਮਕ ਅਵਸਥਾ ਹਾਸਲ ਕਰ ਲਏਂਗਾ, ਆਤਮਕ ਅਡੋਲਤਾ ਦੇ ਸੁਖ ਆਨੰਦ ਮਾਣੇਂਗਾ ਤੇ ਤੇਰੀਆਂ (ਆਤਮਕ) ਮੌਤ ਦੀਆਂ ਫਾਹੀਆਂ ਕੱਟੀਆਂ ਜਾਣਗੀਆਂ ॥੧॥ ਰਹਾਉ ॥
23672	530	ਖੋਜਤ ਖੋਜਤ ਖੋਜਿ ਬੀਚਾਰਿਓ ਹਰਿ ਸੰਤ ਜਨਾ ਪਹਿ ਆਹਾ॥	(ਆਹਾ) ਹੈ	Khojath Khojath Khoj Beechaariou Har Santh Janaa Pehi Aahaa ||	Searching, searching, searching and reflecting, I have found that the Lord's Name is with the Saints.	ਭਾਲ ਕਰਦਿਆਂ ਕਰਦਿਆਂ ਮੈਂ ਇਸ ਵਿਚਾਰ ਤੇ ਪਹੁੰਚਿਆ ਹਾਂ ਕਿ (ਇਹ ਲਾਭ) ਪ੍ਰਭੂ ਦੇ ਸੰਤ ਜਨਾਂ ਦੇ ਕੋਲ ਹੈ,

23673	530	ਤਿਨ੍ਹਾ ਪਰਾਪਤਿ ਏਹੁ ਨਿਧਾਨਾ ਜਿਨ੍ਹ ਕੈ ਕਰਮਿ ਲਿਖਾਹਾ॥੧॥		Thinhaa Paraapath Eaehu Nidhhaanaa Jinh Kai Karam Likhaahaa ||1||	They alone obtain this treasure, who have such pre-ordained destiny. ||1||	ਤੇ ਇਹ ਨਾਮ-ਖ਼ਜ਼ਾਨਾ ਉਹਨਾਂ ਮਨੁੱਖਾਂ ਨੂੰ ਮਿਲਦਾ ਹੈ, ਜਿਨ੍ਹਾਂ ਦੇ ਭਾਗਾਂ ਵਿੱਚ ਹੈ ਪਰਮਾਤਮਾ ਦੀ ਬਖ਼ਸ਼ਸ਼ ਨਾਲ ਇਹ ਹੈ ॥੧॥
23674	530	ਸੇ ਬਡਭਾਗੀ ਸੇ ਪਤਿਵੰਤੇ ਸੇਈ ਪੂਰੇ ਸਾਹਾ॥		Sae Baddabhaagee Sae Pathivanthae Saeee Poorae Saahaa ||	They are very fortunate and honorable; they are the perfect bankers.	ਉਹੀ ਮਨੁੱਖ ਵੱਡੇ ਭਾਗਾਂ ਵਾਲੇ ਹਨ ਉਹੀ ਇੱਜ਼ਤ ਵਾਲੇ ਹਨ, ਉਹੀ ਪੂਰੇ ਸ਼ਾਹ ਹਨ,
23675	530	ਸੁੰਦਰ ਸੁਘੜ ਸਰੂਪ ਤੇ ਨਾਨਕ ਜਿਨ੍ਹ ਹਰਿ ਹਰਿ ਨਾਮੁ ਵਿਸਾਹਾ॥੨॥੧੦॥	ਸਿਰ ਭੇਟਾ ਕਰਕੇ, (ਵਿਸਾਹਾ) ਖ਼ਰੀਦਿਆ	Sundhar Sugharr Saroop Thae Naanak Jinh Har Har Naam Visaahaa ||2||10||	They are beautiful, so very wise and handsome; O Nanak, purchase the Name of the Lord, Har, Har. ||2||10||	ਉਹੀ ਸੋਹਣੇ ਹਨ, ਸੁਚੱਜੇ ਹਨ, ਸੋਹਣੇ ਰੂਪ ਵਾਲੇ ਹਨ, ਜਿਨ੍ਹਾਂ ਨੇ ਪਰਮਾਤਮਾ ਦਾ ਨਾਮ-ਪਦਾਰਥ ਖ਼ਰੀਦਿਆ ਹੈ, ਹੇ ਨਾਨਕ!॥੨॥੧੦॥
23676	530	ਦੇਵਗੰਧਾਰੀ ੫॥	ਅਹੰ-ਕਾਰਿ	Dhaevagandhhaaree 5 ||	Dayv-Gandhaaree, Fifth Mehl:	
23677	530	ਮਨ ਕਹ ਅਹੰਕਾਰਿ ਅਫਾਰਾ॥		Man Keh Ahankaar Afaaraa ||	O mind, why are you so puffed up with egotism?	ਹੇ ਮਨ! ਤੂੰ ਕਿਉਂ ਅਹੰਕਾਰ ਨਾਲ ਆਫਰਿਆ ਹੋਇਆ ਹੈਂ?

23678	530	ਦੁਰਗੰਧ ਅਪਵਿਤ੍ਰ ਅਪਾਵਨ ਭੀਤਰਿ ਜੋ ਦੀਸੈ ਸੋ ਛਾਰਾ॥੧॥ਰਹਾਉ॥	(ਅਪਾਵਨ) ਅਪਵਿੱਤ੍ਰ। ਦੁਰਗੰਧ। ਅਪਵਿੱਤ੍ਰ	Dhuragandhh Apavithr Apaavan Bheethar Jo Dheesai So Shhaaraa ||1|| Rehaao ||	Whatever is seen in this foul, impure and filthy world, is only ashes. ||1||Pause||	(ਤੇਰੇ ਸਰੀਰ ਦੇ) ਅੰਦਰ ਬਦ-ਬੋ ਹੈ ਤੇ ਗੰਦ ਹੈ, ਤੇ, ਜੇਹੜਾ ਇਹ ਤੇਰਾ ਸਰੀਰ ਦਿੱਸ ਰਿਹਾ ਹੈ ਇਹ ਭੀ ਨਾਸਵੰਤ ਹੈ ॥੧॥ ਰਹਾਉ ॥
23679	530	ਜਿਨਿ ਕੀਆ ਤਿਸੁ ਸਿਮਰਿ ਪਰਾਨੀ ਜੀਉ ਪ੍ਰਾਨ ਜਿਨਿ ਧਾਰਾ॥		Jin Keeaa This Simar Paraanee Jeeo Praan Jin Dhhaaraa ||	Remember the One who created you, O mortal; He is the Support of your soul, and the breath of life.	ਹੇ ਪ੍ਰਾਣੀ! ਜਿਸ ਪਰਮਾਤਮਾ ਨੇ ਤੈਨੂੰ ਪੈਦਾ ਕੀਤਾ ਹੈ, ਜਿਸ ਨੇ ਤੇਰੀ ਜਿੰਦ ਤੇਰੇ ਪ੍ਰਾਣਾਂ ਨੂੰ (ਸਰੀਰ ਦਾ) ਆਸਰਾ ਦਿੱਤਾ ਹੋਇਆ ਹੈ, ਉਸ ਦਾ ਸਿਮਰਨ ਕਰਿਆ ਕਰ।
23680	530	ਤਿਸਹਿ ਤਿਆਗਿ ਅਵਰ ਲਪਟਾਵਹਿ ਮਰਿ ਜਨਮਹਿ ਮੁਗਧ ਗਵਾਰਾ॥੧॥		Thisehi Thiaag Avar Lapattaavehi Mar Janamehi Mugadhh Gavaaraa ||1||	One who forsakes Him, and attaches himself to another, dies to be reborn; he is such an ignorant fool! ||1||	ਹੇ ਮੂਰਖ! ਹੇ ਗੰਵਾਰ! ਤੂੰ ਉਸ ਪਰਮਾਤਮਾ ਨੂੰ ਭੁਲਾ ਕੇ ਹੋਰ ਪਦਾਰਥਾਂ ਨਾਲ ਚੰਬੜਿਆ ਰਹਿੰਦਾ ਹੈਂ, ਜਨਮ ਮਰਨ ਦੇ ਗੇੜ ਵਿਚ ਪਿਆ ਰਹੇਂਗਾ ॥੧॥

23681	530	ਅੰਧ ਗੁੰਗ ਪਿੰਗੁਲ ਮਤਿ ਹੀਨਾ ਪ੍ਰਭ ਰਾਖਹੁ ਰਾਖਨਹਾਰਾ॥		Andhh Gung Pingul Math Heenaa Prabh Raakhahu Raakhanehaaraa ||	I am blind, mute, crippled and totally lacking in understanding; O God, Preserver of all, please preserve me!	ਹੇ ਸਭ ਜੀਵਾਂ ਦੀ ਰਾਖੀ ਕਰਨ ਦੇ ਸਮਰੱਥ ਪ੍ਰਭੂ! (ਜੀਵ ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਪਏ ਹਨ, ਤੇਰੇ ਭਜਨ ਵਲੋਂ ਗੁੰਗੇ ਹੋ ਰਹੇ ਹਨ, ਤੇਰੇ ਰਸਤੇ ਤੁਰਨੋਂ ਲੂਲ੍ਹੇ ਹੋ ਚੁਕੇ ਹਨ, ਮੂਰਖ ਹੋ ਗਏ ਹਨ, ਇਹਨਾਂ ਨੂੰ ਤੂੰ ਆਪ (ਇਸ ਮੋਹ ਵਿਚੋਂ) ਬਚਾ ਲੈ।
23682	530	ਕਰਨ ਕਰਾਵਨਹਾਰ ਸਮਰਥਾ ਕਿਆ ਨਾਨਕ ਜੰਤ ਬਿਚਾਰਾ॥੨॥੧੧॥	ਸਮਰੱਥਾ	Karan Karaavanehaar Samarathhaa Kiaa Naanak Janth Bichaaraa ||2||11||	The Creator, the Cause of causes is all-powerful; O Nanak, how helpless are His beings! ||2||11||	ਹੇ ਨਾਨਕ! (ਆਖ-) ਹੇ ਸਭ ਕੁਝ ਆਪ ਕਰ ਸਕਣ ਵਾਲੇ ਤੇ ਜੀਵਾਂ ਪਾਸੋਂ ਕਰਾਣ ਦੀ ਸਮਰੱਥਾ ਰੱਖਣ ਵਾਲੇ ਪ੍ਰਭੂ! ਇਹਨਾਂ ਜੀਵਾਂ ਦੇ ਵੱਸ ਕੁਝ ਭੀ ਨਹੀਂ (ਤੂੰ ਆਪ ਇਹਨਾਂ ਦੀ ਸਹਾਇਤਾ ਕਰ) ॥੨॥੧੧॥
23683	530	ਦੇਵਗੰਧਾਰੀ ੫॥	ਸਾਂਝ	Dhaevagandhhaaree 5 ||	Dayv-Gandhaaree, Fifth Mehl:	
23684	530	ਸੋ ਪ੍ਰਭੁ ਨੇਰੈ ਹੂ ਤੇ ਨੇਰੈ॥		So Prabh Naerai Hoo Thae Naerai ||	God is the nearest of the near.	ਉਹ ਪਰਮਾਤਮਾ ਨੇੜੇ ਹੈ, ਨਾਲ ਹੀ ਵੱਸਦਾ ਹੈ।
23685	530	ਸਿਮਰਿ ਧਿਆਇ ਗਾਇ ਗੁਨ ਗੋਬਿੰਦ ਦਿਨੁ ਰੈਨਿ ਸਾਝ ਸਵੇਰੈ॥੧॥ਰਹਾਉ॥	ਸਾਂਝ	Simar Dhhiaae Gaae Gun Gobindh Dhin Rain Saajh Savaerai ||1|| Rehaao ||	Remember Him, meditate on Him, and sing the Glorious Praises of the Lord of the Universe, day and night, evening and morning. ||1||Pause||	ਦਿਨ, ਰਾਤ, ਸ਼ਾਮ, ਸਵੇਰੇ (ਹਰ ਵੇਲੇ) ਪਰਮਾਤਮਾ ਦੇ ਗੁਣ ਗਾਂਦਾ ਰਹੁ, ਪਰਮਾਤਮਾ ਦਾ ਨਾਮ ਸਿਮਰਦਾ ਰਹੁ ਤੇ ਪਰਮਾਤਮਾ ਦਾ ਧਿਆਨ ਧਰਦਾ ਰਹੁ ॥੧॥ ਰਹਾਉ ॥

23686	530	ਉਧਰੁ ਦੇਹ ਦੁਲਭ ਸਾਧੂਸੰਗਿ ਹਰਿ ਹਰਿ ਨਾਮੁ ਜਪੇਰੈ॥	ਔਗੁਣਾਂ ਵਿਕਾਰਾਂ ਮਹਾਂ ਪਾਪਾਂ ਤੋਂ (ਉਧ-ਰੁ) ਤਰ, ਜਾਂਦੀ ਹੈ। ਦੁ-ਲਭ	Oudhhar Dhaeh Dhulabh Saadhhoo Sang Har Har Naam Japaerai ||	Redeem your body in the invaluable Saadh Sangat, the Company of the Holy, chanting the Name of the Lord, Har, Har.	ਗੁਰੂ ਦੀ ਸੰਗਤ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਜਪਿਆ ਕਰ ਤੇ ਇੰਜ ਆਪਣੇ ਇਸ ਮਨੁੱਖਾ ਸਰੀਰ ਨੂੰ (ਵਿਕਾਰਾਂ ਦੇ ਸਮੁੰਦਰ ਵਿਚ ਡੁੱਬਣੋਂ) ਬਚਾ ਲੈ ਜੋ ਬੜੀ ਮੁਸ਼ਕਿਲ ਨਾਲ ਤੈਨੂੰ ਮਿਲਿਆ ਹੈ।
23687	530	ਘਰੀ ਨ ਮੁਹਤੁ ਨ ਚਸਾ ਬਿਲੰਬਹੁ ਕਾਲੁ ਨਿਤਹਿ ਨਿਤ ਹੇਰੈ॥੧॥	(ਹੇਰੈ) ਤੱਕਦਾ- ਚਸਾ ਪੋਲਾ। ਬਿਲੰਬਹੁ	Gharee N Muhath N Chasaa Bilanbahu Kaal Nithehi Nith Haerai ||1||	Do not delay for an instant, even for a moment. Death is keeping you constantly in his vision. ||1||	ਮੌਤ ਤੈਨੂੰ ਹਰ ਵੇਲੇ ਸਦਾ ਤੱਕ ਰਹੀ ਹੈ, ਤੂੰ (ਨਾਮ ਸਿਮਰਨ ਵਿਚ) ਇਕ ਘੜੀ ਢਿੱਲ ਨਾਹ ਕਰ, ਅੱਧੀ ਘੜੀ ਭੀ ਦੇਰ ਨਾਹ ਕਰ, ਰਤਾ ਭੀ ਢਿੱਲ ਨਾਹ ਕਰ ॥੧॥
23688	530	ਅੰਧ ਬਿਲਾ ਤੇ ਕਾਢਹੁ ਕਰਤੇ ਕਿਆ ਨਾਹੀ ਘਰਿ ਤੇਰੈ॥	(ਬਿਲਾ) ਖੁੱਡ	Andhh Bilaa Thae Kaadtahu Karathae Kiaa Naahee Ghar Thaerai ||	Lift me up out of the dark dungeon, O Creator Lord; what is there which is not in Your home?	(ਹੇ ਕਰਤਾਰ!) ਮੈਨੂੰ ਘੁੱਪ ਹਨੇਰੀ ਖੁੱਡ ਵਿਚੋਂ ਕੱਢ ਲੈ! ਤੇਰੇ ਘਰ ਵਿਚ ਕਿਸੇ ਚੀਜ਼ ਦੀ ਕਮੀ ਨਹੀਂ।
23689	530	ਨਾਮੁ ਅਧਾਰੁ ਦੀਜੈ ਨਾਨਕ ਕਉ ਆਨਦ ਸੂਖ ਘਨੇਰੈ॥੨॥੧੨॥ ਛਕੇ ੨॥	ਛੱਕੇ ਦੋ	Naam Adhhaar Dheejai Naanak Ko Aanadh Sookh Ghanaerai ||2||12||	Bless Nanak with the Support of Your Name, that he may find great happiness and peace. ||2||12||	ਨਾਨਕ ਨੂੰ ਆਪਣਾ ਨਾਮ-ਆਸਰਾ ਦੇਹ, ਤੇਰੇ ਨਾਮ ਵਿਚ ਬੇਅੰਤ ਸੁਖ ਆਨੰਦ ਹਨ ॥੨॥੧੨॥ ਛੇ ਸ਼ਬਦਾਂ ਦੇ 2 ਸੰਗ੍ਰਹ।
23690	530	ਦੇਵਗੰਧਾਰੀ ੫॥		Dhaevagandhhaaree 5 ||	Dayv-Gandhaaree, Fifth Mehl:	

23691	530	ਮਨ ਗੁਰ ਮਿਲਿ ਨਾਮੁ ਅਰਾਧਿਓ॥	ਅਰਾੱਧਿਓ	Man Gur Mil Naam Araadhhiou ||	O mind, meet with the Guru, and worship the Naam in adoration.	ਹੇ (ਮੇਰੇ) ਮਨ! ਜਿਸ ਨੇ ਗੁਰੂ ਨੂੰ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਿਆ ਹੈ,
23692	530	ਸੂਖ ਸਹਜ ਆਨੰਦ ਮੰਗਲ ਰਸ ਜੀਵਨ ਕਾ ਮੂਲੁ ਬਾਧਿਓ॥੧॥ਰਹਾਉ॥	ਬਾਂਧਿਓ	Sookh Sehaj Aanandh Mangal Ras Jeevan Kaa Mool Baadhhiou ||1|| Rehaao ||	You shall obtain peace, poise, bliss, joy and pleasure, and lay the foundation of eternal life. ||1||Pause||	ਉਸ ਨੇ ਆਤਮਕ ਅਡੋਲਤਾ ਦੇ ਸੁਖ ਆਨੰਦ ਤੇ ਖ਼ੁਸ਼ੀਆਂ ਵਾਲੀ ਜ਼ਿੰਦਗੀ ਦਾ ਮੁੱਢ ਬੰਨ੍ਹ ਲਿਆ ॥੧॥ ਰਹਾਉ ॥
23693	530	ਕਰਿ ਕਿਰਪਾ ਅਪੁਨਾ ਦਾਸੁ ਕੀਨੋ ਕਾਟੇ ਮਾਇਆ ਫਾਧਿਓ॥	ਫਾੱਧਿਓ	Kar Kirapaa Apunaa Dhaas Keeno Kaattae Maaeiaa Faadhhiou ||	Showing His Mercy, the Lord has made me His slave, and shattered the bonds of Maya.	ਹੇ ਮਨ! ਪਰਮਾਤਮਾ ਨੇ ਕਿਰਪਾ ਕਰ ਕੇ ਜਿਸ ਮਨੁੱਖ ਨੂੰ ਆਪਣਾ ਦਾਸ ਬਣਾ ਲਿਆ, ਉਸ ਦੇ ਮਾਇਆ ਦੇ ਮੋਹ ਵਾਲੇ ਬੰਧਨ ਕੱਟ ਦਿੱਤੇ।
23694	530	ਭਾਉ ਭਗਤਿ ਗਾਇ ਗੁਣ ਗੋਬਿਦ ਜਮ ਕਾ ਮਾਰਗੁ ਸਾਧਿਓ॥੧॥		Bhaao Bhagath Gaae Gun Gobidh Jam Kaa Maarag Saadhhiou ||1||	Through loving devotion, and singing the Glorious Praises of the Lord of the Universe, I have escaped the Path of Death. ||1||	ਤੇ ਉਸ ਮਨੁੱਖ ਨੇ (ਪ੍ਰਭੂ-ਚਰਨਾਂ ਵਿਚ) ਪ੍ਰੇਮ (ਕਰ ਕੇ, ਪ੍ਰਭੂ ਦੀ) ਭਗਤੀ (ਕਰ ਕੇ) ਗੋਬਿੰਦ ਦੇ ਗੁਣ ਗਾ ਕੇ (ਆਤਮਕ) ਮੌਤ ਦੇ ਰਸਤੇ ਨੂੰ ਆਪਣੇ ਵੱਸ ਵਿਚ ਕਰ ਲਿਆ ॥੧॥

23695	530	ਭਇਓ ਅਨੁਗ੍ਰਹੁ ਮਿਟਿਓ ਮੋਰਚਾ ਅਮੋਲ ਪਦਾਰਥੁ ਲਾਧਿਓ॥	ਅ-ਨੁੱਗ੍ਰਹੁ। ਲਾੱਧਿਓ	Bhaeiou Anugrahu Mittiou Morachaa Amol Padhaarathh Laadhhiou ||	When he became Merciful, the rust was removed, and I found the priceless treasure.	ਜਿਸ ਮਨੁੱਖ ਉਤੇ ਪਰਮਾਤਮਾ ਦੀ ਮੇਹਰ ਹੋਈ, ਉਸ (ਦੇ ਮਨ ਤੋਂ ਮਾਇਆ ਦੇ ਮੋਹ) ਦਾ ਜੰਗਾਲ ਲਹਿ ਗਿਆ, ਉਸ ਨੇ ਪਰਮਾਤਮਾ ਦਾ ਕੀਮਤੀ ਨਾਮ-ਪਦਾਰਥ ਲੱਭ ਲਿਆ।
23696	530	ਬਲਿਹਾਰੈ ਨਾਨਕ ਲਖ ਬੇਰਾ ਮੇਰੇ ਠਾਕੁਰ ਅਗਮ ਅਗਾਧਿਓ॥੨॥੧੩॥	ਲੱਖ। ਅਗਾੱਧਿਓ	Balihaarai Naanak Lakh Baeraa Maerae Thaakur Agam Agaadhhiou ||2||13||	O Nanak, I am a sacrifice, a hundred thousand times, to my unapproachable, unfathomable Lord and Master. ||2||13||	ਹੇ ਨਾਨਕ! ਮੈਂ ਲਖ ਵਾਰੀ ਕੁਰਬਾਨ ਜਾਂਦਾ ਹਾਂ ਆਪਣੇ ਉਸ ਮਾਲਕ-ਪ੍ਰਭੂ ਤੋਂ ਜੋ (ਜੀਵਾਂ ਦੀ ਅਕਲ ਦੀ) ਪਹੁੰਚ ਤੋਂ ਪਰੇ ਹੈ, ਤੇ, ਜੋ ਅਥਾਹ (ਗੁਣਾਂ ਵਾਲਾ) ਹੈ ॥੨॥੧੩॥
23697	531	ਦੇਵਗੰਧਾਰੀ ੫॥		Dhaevagandhhaare e 5 ||	Dayv-Gandhaaree, Fifth Mehl:	
23698	531	ਮਾਈ ਜੋ ਪ੍ਰਭ ਕੇ ਗੁਨ ਗਾਵੈ॥		Maaee Jo Prabh Kae Gun Gaavai ||	O mother, how fruitful is the birth of one who sings the Glories of God,	ਹੇ ਮਾਂ! ਜੇਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ,
23699	531	ਸਫਲ ਆਇਆ ਜੀਵਨ ਫਲੁ ਤਾ ਕੋ ਪਾਰਬ੍ਰਹਮ ਲਿਵ ਲਾਵੈ॥੧॥ਰਹਾਉ॥		Safal Aaeiaa Jeevan Fal Thaa Ko Paarabreham Liv Laavai ||1|| Rehaao ||	and enshrines love for the Supreme Lord God. ||1||Pause||	ਤੇ ਪਰਮਾਤਮਾ ਦੇ ਚਰਨਾਂ ਵਿਚ ਪ੍ਰੇਮ ਬਣਾਈ ਰੱਖਦਾ ਹੈ, ਉਸ ਦਾ ਜਗਤ ਵਿਚ ਆਉਣਾ ਕਾਮਯਾਬ ਹੋ ਜਾਂਦਾ ਹੈ ਤੇ ਉਸ ਨੂੰ ਜ਼ਿੰਦਗੀ ਦਾ ਫਲ ਮਿਲ ਜਾਂਦਾ ਹੈ ॥੧॥ ਰਹਾਉ ॥

23700	531	ਸੁੰਦਰੁ ਸੁਘੜੁ ਸੂਰੁ ਸੋ ਬੇਤਾ ਜੋ ਸਾਧੂਸੰਗੁ ਪਾਵੈ॥	(ਸੁਘੜੁ) ਸੁਚੱਜਾ। (ਬੇਤਾ) ਗਿਆਨਵਾਨ	Sundhar Sugharr Soor So Baethaa Jo Saadhhoo Sang Paavai ||	Beautiful, wise, brave and divine is one who obtains the Saadh Sangat, the Company of the Holy.	ਜੇਹੜਾ ਮਨੁੱਖ ਗੁਰੂ ਦਾ ਸਾਥ ਪ੍ਰਾਪਤ ਕਰ ਲੈਂਦਾ ਹੈ, ਉਹ ਮਨੁੱਖ ਸੋਹਣੇ ਜੀਵਨ ਵਾਲਾ ਸੁਚੱਜਾ ਸੂਰਮਾ ਬਣ ਜਾਂਦਾ ਹੈ,
23701	531	ਨਾਮੁ ਉਚਾਰੁ ਕਰੇ ਹਰਿ ਰਸਨਾ ਬਹੁੜਿ ਨ ਜੋਨੀ ਧਾਵੈ॥੧॥		Naam Ouchaar Karae Har Rasanaa Bahurr N Jonee Dhhaavai ||1||	He chants the Naam, the Name of the Lord, with his tongue, and does not have to wander in reincarnation again. ||1||	ਤੇ ਉਹ ਆਪਣੀ ਜੀਭ ਨਾਲ ਪਰਮਾਤਮਾ ਦਾ ਨਾਮ ਉਚਾਰਦਾ ਰਹਿੰਦਾ ਹੈ, ਤੇ, ਮੁੜ ਮੁੜ ਜੂਨਾਂ ਵਿਚ ਨਹੀਂ ਭਟਕਦਾ ॥੧॥
23702	531	ਪੂਰਨ ਬ੍ਰਹਮੁ ਰਵਿਆ ਮਨ ਤਨ ਮਹਿ ਆਨ ਨ ਦ੍ਰਿਸਟੀ ਆਵੈ॥		Pooran Breham Raviaa Man Than Mehi Aan N Dhrisattee Aavai ||	The Perfect Lord God pervades his mind and body; he does not look upon any other.	ਸਰਬ-ਵਿਆਪਕ ਪ੍ਰਭੂ ਹਰ ਵੇਲੇ ਉਸ ਦੇ ਮਨ ਦੇ ਹਿਰਦੇ ਵਿਚ ਵੱਸਿਆ ਰਹਿੰਦਾ ਹੈ ਤੇ ਪ੍ਰਭੂ ਤੋਂ ਬਿਨਾ ਉਸ ਨੂੰ (ਕਿਤੇ ਭੀ) ਕੋਈ ਹੋਰ ਨਹੀਂ ਦਿੱਸਦਾ,
23703	531	ਨਰਕ ਰੋਗ ਨਹੀ ਹੋਵਤ ਜਨ ਸੰਗਿ ਨਾਨਕ ਜਿਸੁ ਲੜਿ ਲਾਵੈ॥੨॥੧੪॥		Narak Rog Nehee Hovath Jan Sang Naanak Jis Larr Laavai ||2||14||	Hell and disease do not afflict one who joins the Company of the Lord's humble servants, O Nanak; the Lord attaches him to the hem of His robe. ||2||14||	ਤੇ ਉਸ ਨੂੰ ਸੰਤ ਜਨਾਂ ਦੀ ਸੰਗਤ ਵਿਚ ਨਰਕ ਤੇ ਰੋਗ ਨਹੀਂ ਵਿਆਪਦੇ, ਜਿਸ ਮਨੁੱਖ ਨੂੰ ਪਰਮਾਤਮਾ ਸੰਤ ਜਨਾਂ ਦੇ ਲੜ ਲਾ ਦੇਂਦਾ ਹੈ, ਹੇ ਨਾਨਕ!॥੨॥੧੪॥
23704	531	ਦੇਵਗੰਧਾਰੀ ੫॥		Dhaevagandhhaare e 5 ||	Dayv-Gandhaaree, Fifth Mehl:	

23705	531	ਚੰਚਲੁ ਸੁਪਨੈ ਹੀ ਉਰਝਾਇਓ॥		Chanchal Supanai Hee Ourajhaaeiou ||	His fickle mind is entangled in a dream.	ਕਿਤੇ ਭੀ ਕਦੇ ਨਾਹ ਟਿਕਣ ਵਾਲਾ ਮਨੁੱਖੀ ਮਨ ਸੁਪਨੇ (ਵਿਚ ਦਿੱਸਣ ਵਰਗੇ ਪਦਾਰਥਾਂ) ਵਿਚ ਫਸਿਆ ਰਹਿੰਦਾ ਹੈ।
23706	531	ਇਤਨੀ ਨ ਬੂਝੈ ਕਬਹੂ ਚਲਨਾ ਬਿਕਲ ਭਇਓ ਸੰਗਿ ਮਾਇਓ॥੧॥ਰਹਾਉ॥	(ਬਿਕਲ) ਘਬਰਾਇਆ। ਬੂੱਝੈ	Eithanee N Boojhai Kabehoo Chalanaa Bikal Bhaeiou Sang Maaeiou ||1|| Rehaao ||	He does not even understand this much, that someday he shall have to depart; he has gone crazy with Maya. ||1||Pause||	ਮਾਇਆ ਦੇ ਮੋਹ ਵਿਚ ਬੁੱਧੂ ਬਣਿਆ ਰਹਿੰਦਾ ਹੈ ਤੇ ਕਦੇ ਇਤਨੀ ਗੱਲ ਭੀ ਨਹੀਂ ਸਮਝਦਾ ਕਿ ਇਥੋਂ ਆਖ਼ਰ ਤੁਰ ਜਾਣਾ ਹੈ ॥੧॥ ਰਹਾਉ ॥
23707	531	ਕੁਸਮ ਰੰਗ ਸੰਗ ਰਸਿ ਰਚਿਆ ਬਿਖਿਆ ਏਕ ਉਪਾਇਓ॥		Kusam Rang Sang Ras Rachiaa Bikhiaa Eaek Oupaaeiou ||	He is engrossed in the delight of the flower's color; he strives only to indulge in corruption.	ਮਨੁੱਖ ਫੁੱਲਾਂ (ਵਰਗੇ ਛਿਨ-ਭੰਗਰ ਪਦਾਰਥਾਂ) ਦੇ ਰੰਗ ਤੇ ਸਾਥ ਦੇ ਸੁਆਦ ਵਿਚ ਮਸਤ ਰਹਿੰਦਾ ਹੈ, ਸਦਾ ਇਕ ਮਾਇਆ (ਇਕੱਠੀ ਕਰਨ) ਦਾ ਹੀ ਉਪਾਉ ਕਰਦਾ ਫਿਰਦਾ ਹੈ।
23708	531	ਲੋਭ ਸੁਨੈ ਮਨਿ ਸੁਖੁ ਕਰਿ ਮਾਨੈ ਬੇਗਿ ਤਹਾ ਉਠਿ ਧਾਇਓ॥੧॥		Lobh Sunai Man Sukh Kar Maanai Baeg Thehaa Outh Dhhaaeiou ||1||	Hearing about greed, he feels happy in his mind, and he runs after it. ||1||	ਜਦੋਂ ਇਹ ਲੋਭ (ਦੀ ਗੱਲ) ਸੁਣਦਾ ਹੈ ਤਾਂ ਮਨ ਵਿਚ ਖ਼ੁਸ਼ੀ ਮਨਾਂਦਾ ਹੈ (ਜਿਸ ਪਾਸਿਓਂ ਕੁਝ ਪ੍ਰਾਪਤ ਹੋਣ ਦੀ ਆਸ ਹੁੰਦੀ ਹੈ) ਉਧਰ ਛੇਤੀ ਉੱਠ ਦੌੜਦਾ ਹੈ ॥੧॥

23709	531	ਫਿਰਤ ਫਿਰਤ ਬਹੁਤੁ ਸ੍ਰਮੁ ਪਾਇਓ ਸੰਤ ਦੁਆਰੈ ਆਇਓ॥	(ਸ੍ਰਮੁ) ਥਕਾਵਟ	Firath Firath Bahuth Sram Paaeiou Santh Dhuaarai Aaeiou ||	Wandering and roaming all around, I have endured great pain, but now, I have come to the door of the Saint.	ਭਟਕਦਾ ਭਟਕਦਾ ਜਦੋਂ ਮਨੁੱਖ ਬਹੁਤ ਥੱਕ ਗਿਆ ਤੇ ਗੁਰੂ ਦੇ ਦਰ ਤੇ ਆਇਆ,
23710	531	ਕਰੀ ਕ੍ਰਿਪਾ ਪਾਰਬ੍ਰਹਮਿ ਸੁਆਮੀ ਨਾਨਕ ਲੀਓ ਸਮਾਇਓ॥੨॥੧੫॥		Karee Kirapaa Paarabreham Suaamee Naanak Leeou Samaaeiou ||2||15||	Granting His Grace, the Supreme Lord Master has blended Nanak with Himself. ||2||15||	ਹੇ ਨਾਨਕ! ਤਦੋਂ ਮਾਲਕ ਪਰਮਾਤਮਾ ਨੇ ਇਸ ਉਤੇ ਮੇਹਰ ਕੀਤੀ, ਤੇ, ਆਪਣੇ ਚਰਨਾਂ ਵਿਚ ਮਿਲਾ ਲਿਆ ॥੨॥੧੫॥
23711	531	ਦੇਵਗੰਧਾਰੀ ੫॥	ਸੁਖਾ:ਪੋਲਾ ਬੋਲੋ	Dhaevagandhhaare 5 ||	Dayv-Gandhaaree, Fifth Mehl:	
23712	531	ਸਰਬ ਸੁਖਾ ਗੁਰ ਚਰਨਾ॥		Sarab Sukhaa Gur Charanaa ||	All peace is found in the Guru's feet.	ਗੁਰੂ ਚਰਨਾਂ ਵਿਚ ਪਿਆਂ ਸਾਰੇ ਸੁਖ ਮਿਲ ਜਾਂਦੇ ਹਨ।
23713	531	ਕਲਿਮਲ ਡਾਰਨ ਮਨਹਿ ਸਧਾਰਨ ਇਹ ਆਸਰ ਮੋਹਿ ਤਰਨਾ॥੧॥ਰਹਾਉ॥	(ਕਲਿਮਲ) ਪਾਪ। (ਡਾਰਨ) ਦੂਰਨ ਕਰਨ। (ਸਧਾਰਨ) ਆਸਰਾ। (ਆਸਰ) ਸਹਾਰੇ	Kalimal Ddaaran Manehi Sadhhaaran Eih Aasar Mohi Tharanaa ||1|| Rehaao ||	They drive away my sins and purify my mind; their Support carries me across. ||1||Pause||	ਇਸ ਤਰ੍ਹਾਂ ਪਾਪ ਦੂਰ ਕਰ ਦੇਂਦੇ ਹਨ, ਮਨ ਨੂੰ ਸਹਾਰਾ ਮਿਲਦਾ ਹੈ, ਤੇ ਇੰਜ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਵਾਂਗਾ ॥੧॥ ਰਹਾਉ ॥

23714	531	ਪੂਜਾ ਅਰਚਾ ਸੇਵਾ ਬੰਦਨ ਇਹੈ ਟਹਲ ਮੋਹਿ ਕਰਨਾ॥		Poojaa Arachaa Saevaa Bandhan Eihai Ttehal Mohi Karanaa ||	This is the labor which I perform: worship, flower-offerings, service and devotion.	ਮੈਂ ਗੁਰੂ ਦੇ ਚਰਨਾਂ ਦੀ ਹੀ ਟਹਿਲ-ਸੇਵਾ ਕਰਦਾ ਹਾਂ-ਇਹੀ ਮੇਰੇ ਵਾਸਤੇ ਦੇਵ-ਪੂਜਾ ਹੈ, ਇਹੀ ਦੇਵ-ਮੂਰਤੀ ਅੱਗੇ ਚੰਦਨ ਆਦਿਕ ਦੀ ਭੇਟ ਹੈ, ਇਹੀ ਦੇਵਤੇ ਦੀ ਸੇਵਾ ਹੈ, ਇਹੀ ਦੇਵ-ਮੂਰਤੀ ਅੱਗੇ ਨਮਸਕਾਰ ਹੈ।
23715	531	ਬਿਗਸੈ ਮਨੁ ਹੋਵੈ ਪਰਗਾਸਾ ਬਹੁਰਿ ਨ ਗਰਭੈ ਪਰਨਾ॥੧॥		Bigasai Man Hovai Paragaasaa Bahur N Garabhai Paranaa ||1||	My mind blossoms forth and is enlightened, and I am not cast into the womb again. ||1||	(ਗੁਰੂ ਦੀ ਚਰਨੀਂ ਪਿਆਂ) ਮਨ ਖਿੜ ਪੈਂਦਾ ਹੈ, ਆਤਮਕ ਜੀਵਨ ਦੀ ਸਮਝ ਪੈ ਜਾਂਦੀ ਹੈ, ਤੇ, ਮੁੜ ਮੁੜ ਜੂਨਾਂ ਦੇ ਗੇੜ ਵਿਚ ਨਹੀਂ ਪਈਦਾ ॥੧॥
23716	531	ਸਫਲ ਮੂਰਤਿ ਪਰਸਉ ਸੰਤਨ ਕੀ ਇਹੈ ਧਿਆਨਾ ਧਰਨਾ॥	ਪਰ-ਸਉ	Safal Moorath Paraso Santhan Kee Eihai Dhhiaanaa Dhharanaa ||	I behold the fruitful vision of the Saint; this is the meditation I have taken.	ਮੈਂ ਸੰਤ ਜਨਾਂ ਦੇ ਚਰਨ ਪਰਸਦਾ ਹਾਂ, ਇਹੀ ਮੇਰੇ ਵਾਸਤੇ ਫਲ ਦੇਣ ਵਾਲੀ ਮੂਰਤੀ ਹੈ, ਇਹੀ ਮੇਰੇ ਵਾਸਤੇ ਮੂਰਤੀ ਦਾ ਧਿਆਨ ਧਰਨਾ ਹੈ।
23717	531	ਭਇਓ ਕ੍ਰਿਪਾਲੁ ਠਾਕੁਰੁ ਨਾਨਕ ਕਉ ਪਰਿਓ ਸਾਧ ਕੀ ਸਰਨਾ॥੨॥੧੬॥		Bhaeiou Kirapaal Thaakur Naanak Ko Pariou Saadhh Kee Saranaa ||2||16||	The Lord Master has become Merciful to Nanak, and he has entered the Sanctuary of the Holy. ||2||16||	ਜਦੋਂ ਦਾ ਮਾਲਕ-ਪ੍ਰਭੂ ਮੈਂ ਨਾਨਕ ਉੱਤੇ ਦਇਆਵਾਨ ਹੋਇਆ ਹੈ, ਮੈਂ ਗੁਰੂ ਦੀ ਸਰਨ ਪਿਆ ਹੋਇਆ ਹਾਂ ॥੨॥੧੬॥

23718	531	ਦੇਵਗੰਧਾਰੀ ਮਹਲਾ ੫॥		Dhaevagandhhaaree Mehalaa 5 ||	Dayv-Gandhaaree, Fifth Mehl:	
23719	531	ਅਪੁਨੇ ਹਰਿ ਪਹਿ ਬਿਨਤੀ ਕਹੀਐ॥		Apunae Har Pehi Binathee Keheeai ||	Offer your prayer to your Lord.	ਆਪਣੇ ਪਰਮਾਤਮਾ ਦੇ ਕੋਲ ਹੀ ਅਰਜ਼ੋਈ ਕਰਨੀ ਚਾਹੀਦੀ ਹੈ।
23720	531	ਚਾਰਿ ਪਦਾਰਥ ਅਨਦ ਮੰਗਲ ਨਿਧਿ ਸੂਖ ਸਹਜ ਸਿਧਿ ਲਹੀਐ॥੧॥ਰਹਾਉ॥		Chaar Padhaarathh Anadh Mangal Nidhh Sookh Sehaj Sidhh Leheeai ||1|| Rehaao ||	You shall obtain the four blessings, and the treasures of bliss, pleasure, peace, poise and the spiritual powers of the Siddhas. ||1||Pause||	ਇੰਜ ਇਹ ਚਾਰੇ ਪਦਾਰਥ (ਧਰਮ, ਅਰਥ, ਕਾਮ, ਮੋਖ), ਅਨੰਦ ਖ਼ੁਸ਼ੀਆਂ ਦੇ ਖ਼ਜ਼ਾਨੇ, ਆਤਮਕ ਅਡੋਲਤਾ ਦੇ ਸੁਖ, ਕਰਾਮਾਤੀ ਤਾਕਤਾਂ ਤੇ ਹਰੇਕ ਚੀਜ਼ ਪਰਮਾਤਮਾ ਪਾਸੋਂ ਮਿਲ ਜਾਂਦੀ ਹੈ ॥੧॥ ਰਹਾਉ ॥
23721	531	ਮਾਨੁ ਤਿਆਗਿ ਹਰਿ ਚਰਨੀ ਲਾਗਉ ਤਿਸੁ ਪ੍ਰਭ ਅੰਚਲੁ ਗਹੀਐ॥		Maan Thiaag Har Charanee Laago This Prabh Anchal Geheeai ||	Renounce your self-conceit, and grasp hold of the Guru's feet; hold tight to the hem of God's robe.	ਮੈਂ ਤਾਂ ਅਹੰਕਾਰ ਛੱਡ ਕੇ ਪਰਮਾਤਮਾ ਦੀ ਚਰਨੀਂ ਹੀ ਪਿਆ ਰਹਿੰਦਾ ਹਾਂ। ਉਸ ਪ੍ਰਭੂ ਦਾ ਹੀ ਪੱਲਾ ਫੜਨਾ ਚਾਹੀਦਾ ਹੈ।
23722	531	ਆਂਚ ਨ ਲਾਗੈ ਅਗਨਿ ਸਾਗਰ ਤੇ ਸਰਨਿ ਸੁਆਮੀ ਕੀ ਅਹੀਐ॥੧॥	(ਆਂਚ) ਸੇਕ। (ਅਹੀਐ) ਚਾਹੁੰਦਾ	Aaanch N Laagai Agan Saagar Thae Saran Suaamee Kee Aheeai ||1||	The heat of the ocean of fire does not affect one who longs for the Lord and Master's Sanctuary. ||1||	(ਵਿਕਾਰਾਂ ਦੀ) ਅੱਗ ਦੇ ਸਮੁੰਦਰ ਤੋਂ ਸੇਕ ਨਹੀਂ ਲੱਗਦਾ ਜੇ ਮਾਲਕ-ਪ੍ਰਭੂ ਦੀ ਸਰਨ ਮੰਗੀਏ ॥੧॥

23723	531	ਕੋਟਿ ਪਰਾਧ ਮਹਾ ਅਕ੍ਰਿਤਘਨ ਬਹੁਰਿ ਬਹੁਰਿ ਪ੍ਰਭ ਸਹੀਐ॥	ਅਕ੍ਰਿਤਘਨ	Kott Paraadhh Mehaa Akirathaghan Bahur Bahur Prabh Seheeai ||	Again and again, God puts up with the millions of sins of the supremely ungrateful ones.	ਵੱਡੇ ਵੱਡੇ ਨਾ-ਸ਼ੁਕਰਿਆਂ ਦੇ ਕ੍ਰੋੜਾਂ ਪਾਪ ਪਰਮਾਤਮਾ ਮੁੜ ਮੁੜ ਸਹਾਰਦਾ ਹੈ।
23724	531	ਕਰੁਣਾਮੈ ਪੂਰਨ ਪਰਮੇਸੁਰ ਨਾਨਕ ਤਿਸੁ ਸਰਨਹੀਐ॥੨॥੧੭॥	ਕਰੁਣਾਮੈ। ਸਰਨਹੀਐ	Karunaa Mai Pooran Paramaesur Naanak This Saraneheeai ||2||17||	The embodiment of mercy, the Perfect Transcendent Lord - Nanak longs for His Sanctuary. ||2||17||	ਹੇ ਨਾਨਕ! ਪਰਮਾਤਮਾ ਪੂਰਨ ਤੌਰ ਤੇ ਤਰਸ-ਸਰੂਪ ਹੈ ਉਸੇ ਦੀ ਹੀ ਸਰਨ ਪੈਣਾ ਚਾਹੀਦਾ ਹੈ ॥੨॥੧੭॥
23725	531	ਦੇਵਗੰਧਾਰੀ ੫॥		Dhaevagandhhaare 5 ||	Dayv-Gandhaaree, Fifth Mehl:	
23726	531	ਗੁਰ ਕੇ ਚਰਨ ਰਿਦੈ ਪਰਵੇਸਾ॥		Gur Kae Charan Ridhai Paravaesaa ||	Place the Guru's feet within your heart	(ਜਿਸ ਮਨੁੱਖ ਦੇ) ਹਿਰਦੇ ਵਿਚ ਗੁਰੂ ਦੇ ਚਰਨ ਟਿਕ ਜਾਂਦੇ ਹਨ,
23727	531	ਰੋਗ ਸੋਗ ਸਭਿ ਦੂਖ ਬਿਨਾਸੇ ਉਤਰੇ ਸਗਲ ਕਲੇਸਾ॥੧॥ਰਹਾਉ॥	ਉੱਤਰੇ	Rog Sog Sabh Dhookh Binaasae Outharae Sagal Kalaesaa ||1|| Rehaao ||	And all illness, sorrow and pain shall be dispelled; all suffering shall come to an end. ||1||Pause||	ਉਸ ਮਨੁੱਖ ਦੇ ਸਾਰੇ ਰੋਗ ਸਾਰੇ ਗ਼ਮ ਸਾਰੇ ਦੁੱਖ ਨਾਸ ਹੋ ਜਾਂਦੇ ਹਨ ॥੧॥ ਰਹਾਉ ॥

23728	531	ਜਨਮ ਜਨਮ ਕੇ ਕਿਲਬਿਖ ਨਾਸਹਿ ਕੋਟਿ ਮਜਨ ਇਸਨਾਨਾ॥	ਮੱਜਨ	Janam Janam Kae Kilabikh Naasehi Kott Majan Eisanaanaa ||	The sins of countless incarnations are erased, as if one has taken purifying baths at millions of sacred shrines.	(ਗੁਰੂ ਦੇ ਚਰਨਾਂ ਦੀ ਬਰਕਤਿ ਨਾਲ) ਜਨਮਾਂ ਜਨਮਾਂਤਰਾਂ ਦੇ (ਕੀਤੇ) ਪਾਪ ਨਾਸ ਹੋ ਜਾਂਦੇ ਹਨ, (ਗੁਰੂ ਦੇ ਚਰਨ ਹਿਰਦੇ ਵਿਚ ਵਸਾਣਾ ਹੀ) ਕ੍ਰੋੜਾਂ ਤੀਰਥਾਂ ਦਾ ਇਸ਼ਨਾਨ ਹੈ, ਕ੍ਰੋੜਾਂ ਤੀਰਥਾਂ ਦੇ ਜਲ ਵਿਚ ਚੁੱਭੀ ਹੈ।
23729	531	ਨਾਮੁ ਨਿਧਾਨੁ ਗਾਵਤ ਗੁਣ ਗੋਬਿੰਦ ਲਾਗੋ ਸਹਜਿ ਧਿਆਨਾ॥੧॥		Naam Nidhhaan Gaavath Gun Gobindh Laago Sehaj Dhhiaanaa ||1||	The treasure of the Naam, the Name of the Lord, is obtained by singing the Glorious Praises of the Lord of the Universe, and centering one's mind in meditation on Him. ||1||	(ਗੁਰੂ ਦੇ ਚਰਨਾਂ ਦੀ ਬਰਕਤਿ ਨਾਲ) ਗੋਬਿੰਦ ਦੇ ਗੁਣ ਗਾਂਦਿਆਂ ਗਾਂਦਿਆਂ ਨਾਮ-ਖ਼ਜ਼ਾਨਾ ਮਿਲ ਜਾਂਦਾ ਹੈ, ਆਤਮਕ ਅਡੋਲਤਾ ਵਿਚ ਸੁਰਤਿ ਜੁੜੀ ਰਹਿੰਦੀ ਹੈ ॥੧॥
23730	531	ਕਰਿ ਕਿਰਪਾ ਅਪੁਨਾ ਦਾਸੁ ਕੀਨੋ ਬੰਧਨ ਤੋਰਿ ਨਿਰਾਰੇ॥	(ਨਿਰਾਰੇ) ਨਿਰਲੇਪ	Kar Kirapaa Apunaa Dhaas Keeno Bandhhan Thor Niraarae ||	Showing His Mercy, the Lord has made me His slave; breaking my bonds, He has saved me.	ਪਰਮਾਤਮਾ ਮੇਹਰ ਕਰ ਕੇ ਜਿਸ ਮਨੁੱਖ ਨੂੰ ਆਪਣਾ ਦਾਸ ਬਣਾ ਲੈਂਦਾ ਹੈ, ਉਸ ਦੇ ਮਾਇਆ ਦੇ ਬੰਧਨ ਤੋੜ ਕੇ ਉਸ ਨੂੰ ਮਾਇਆ ਦੇ ਮੋਹ ਤੋਂ ਨਿਰਲੇਪ ਕਰ ਲੈਂਦਾ ਹੈ।

23731	531	ਜਪਿ ਜਪਿ ਨਾਮੁ ਜੀਵਾ ਤੇਰੀ ਬਾਣੀ ਨਾਨਕ ਦਾਸ ਬਲਿਹਾਰੇ॥੨॥੧੮॥ ਛਕੇ ੩॥	ਛੱਕੇ ਤਿੰਨ	Jap Jap Naam Jeevaa Thaeree Baanee Naanak Dhaas Balihaarae ||2||18||Shhakae 3 ||	I live by chanting and meditating on the Naam, and the Bani of Your Word; slave Nanak is a sacrifice to You. ||2||18||Third Set of Six||	ਹੇ ਦਾਸ ਨਾਨਕ! (ਆਖ-ਹੇ ਪ੍ਰਭੂ!) ਮੈਂ ਤੈਥੋਂ ਕੁਰਬਾਨ ਜਾਂਦਾ ਹਾਂ, ਤੇਰੀ ਸਿਫ਼ਤ-ਸਾਲਾਹ ਦੀ ਬਾਣੀ ਉਚਾਰ ਕੇ ਤੇਰਾ ਨਾਮ ਜਪ ਜਪ ਕੇ ਮੈਂ ਆਤਮਕ ਜੀਵਨ ਪ੍ਰਾਪਤ ਕਰ ਰਿਹਾ ਹਾਂ ॥੨॥੧੮॥ ਛੇ ਛੇ ਸ਼ਬਦਾਂ ਦੇ ਤਿੰਨ ਸੰਗ੍ਰਹਿ॥
23732	531	ਦੇਵਗੰਧਾਰੀ ਮਹਲਾ ੫॥		Dhaevagandhhaare e Mehalaa 5 ||	Dayv-Gandhaaree, Fifth Mehl:	
23733	531	ਮਾਈ ਪ੍ਰਭ ਕੇ ਚਰਨ ਨਿਹਾਰਉ॥	(ਨਿਹਾਰਉ) ਤੱਕਦਾਂ	Maaee Prabh Kae Charan Nihaaro ||	O mother, I long to see the Feet of God.	ਹੇ (ਮੇਰੀ) ਮਾਂ! ਮੈਂ (ਸਦਾ) ਪਰਮਾਤਮਾ ਦੇ (ਸੋਹਣੇ) ਚਰਨਾਂ ਵਲ ਤੱਕਦਾ ਰਹਿੰਦਾ ਹਾਂ,
23734	532	ਕਰਹੁ ਅਨੁਗ੍ਰਹੁ ਸੁਆਮੀ ਮੇਰੇ ਮਨ ਤੇ ਕਬਹੁ ਨ ਡਾਰਉ॥੧॥ਰਹਾਉ॥	(ਅ-ਨੁੱਗ੍ਰਹੁ) ਕ੍ਰਿਪਾ	Karahu Anugrahu Suaamee Maerae Man Thae Kabahu N Ddaaro ||1|| Rehaao ||	Be Merciful to me, O my Lord and Master, that I might never forsake them from my mind. ||1||Pause||	(ਤੇ, ਅਰਦਾਸ ਕਰਦਾ ਰਹਿੰਦਾ ਹਾਂ ਕਿ) ਹੇ ਮੇਰੇ ਮਾਲਕ! (ਮੇਰੇ ਉਤੇ) ਮੇਹਰ ਕਰ, ਮੈਂ (ਆਪਣੇ) ਮਨ ਤੋਂ (ਤੈਨੂੰ) ਕਦੇ ਭੀ ਨਾਹ ਭੁਲਾਵਾਂ ॥੧॥ ਰਹਾਉ ॥
23735	532	ਸਾਧੂ ਧੂਰਿ ਲਾਈ ਮੁਖਿ ਮਸਤਕਿ ਕਾਮ ਕ੍ਰੋਧ ਬਿਖੁ ਜਾਰਉ॥		Saadhhoo Dhhoor Laaee Mukh Masathak Kaam Krodhh Bikh Jaaro ||	Applying the dust of the feet of the Holy to my face and forehead, I burn away the poison of sexual desire and anger.	ਮੈਂ ਗੁਰੂ ਦੇ ਪੈਰਾਂ ਦੀ ਖ਼ਾਕ ਆਪਣੇ ਮੂੰਹ ਉੱਤੇ ਆਪਣੇ ਮੱਥੇ ਉੱਤੇ ਲਾਂਦਾ ਹਾਂ ਤਾਂ ਕਿ ਮੈਂ ਕਾਮ ਕ੍ਰੋਧ ਦੀ ਜ਼ਹਿਰ ਸਾੜਦਾ ਰਹਾਂ;

23736	532	ਸਭ ਤੇ ਨੀਚੁ ਆਤਮ ਕਰਿ ਮਾਨਉ ਮਨ ਮਹਿ ਇਹੁ ਸੁਖੁ ਧਾਰਉ॥੧॥		Sabh Thae Neech Aatham Kar Maano Man Mehi Eihu Sukh Dhhaaro ||1||	I judge myself to be the lowest of all; in this way, I instill peace within my mind. ||1||	ਮੈਂ ਆਪਣੇ ਆਪ ਨੂੰ ਸਭਨਾਂ ਤੋਂ ਨੀਵਾਂ ਸਮਝਦਾ ਰਹਾਂ, ਤੇ ਆਪਣੇ ਮਨ ਵਿਚ (ਗਰੀਬੀ ਸੁਭਾਵ ਦਾ) ਇਹ ਸੁਖ (ਸਦਾ) ਟਿਕਾਈ ਰੱਖਾਂ ॥੧॥
23737	532	ਗੁਨ ਗਾਵਹ ਠਾਕੁਰ ਅਬਿਨਾਸੀ ਕਲਮਲ ਸਗਲੇ ਝਾਰਉ॥	(ਕਲਮਲ) ਪਾਪ	Gun Gaaveh Thaakur Abinaasee Kalamal Sagalae Jhaaro ||	I sing the Glorious Praises of the Imperishable Lord and Master, and I shake off all my sins.	ਆਓ ਰਲ ਕੇ ਠਾਕੁਰ-ਪ੍ਰਭੂ ਦੇ ਗੁਣ ਗਾਵੀਏ ਇਸ ਤਰ੍ਹਾਂ ਆਪਣੇ ਸਾਰੇ (ਪਿਛਲੇ) ਪਾਪ (ਮਨ ਤੋਂ) ਝਾੜ ਲਈਏ।
23738	532	ਨਾਮ ਨਿਧਾਨੁ ਨਾਨਕ ਦਾਨੁ ਪਾਵਉ ਕੰਠਿ ਲਾਇ ਉਰਿ ਧਾਰਉ॥੨॥੧੯॥		Naam Nidhhaan Naanak Dhaan Paavo Kanth Laae Our Dhhaaro ||2||19||	I have found the gift of the treasure of the Naam, O Nanak; I hug it close, and enshrine it in my heart. ||2||19||	ਹੇ ਨਾਨਕ! (ਪ੍ਰਭੂ ਪਾਸੋਂ ਇਹ) ਦਾਨ ਮੰਗ ਕਿ ਮੈਂ ਤੇਰਾ ਨਾਮ-ਖ਼ਜ਼ਾਨਾ ਹਾਸਲ ਕਰ ਲਵਾਂ, ਤੇ ਇਸ ਨੂੰ ਆਪਣੇ ਗਲ ਨਾਲ ਲਾ ਕੇ ਆਪਣੇ ਹਿਰਦੇ ਵਿਚ ਟਿਕਾਈ ਰੱਖਾਂ ॥੨॥੧੯॥
23739	532	ਦੇਵਗੰਧਾਰੀ ਮਹਲਾ ੫॥		Dhaevagandhhaaree Mehalaa 5 ||	Dayv-Gandhaaree, Fifth Mehl:	
23740	532	ਪ੍ਰਭ ਜੀਉ ਪੇਖਉ ਦਰਸੁ ਤੁਮਾਰਾ॥		Prabh Jeeo Paekho Dharas Thumaaraa ||	Dear God, I long to behold the Blessed Vision of Your Darshan.	ਹੇ ਪ੍ਰਭੂ ਜੀ! (ਮੇਹਰ ਕਰ) ਮੈਂ (ਸਦਾ) ਤੇਰਾ ਦਰਸਨ ਕਰਦਾ ਰਹਾਂ।

23741	532	ਸੁੰਦਰ ਧਿਆਨੁ ਧਾਰੁ ਦਿਨੁ ਰੈਨੀ ਜੀਅ ਪ੍ਰਾਨ ਤੇ ਪਿਆਰਾ॥੧॥ਰਹਾਉ ॥		Sundhar Dhhiaan Dhhaar Dhin Rainee Jeea Praan Thae Piaaraa ||1|| Rehaao ||	I cherish this beautiful meditation day and night; You are dearer to me than my soul, dearer than life itself. ||1||Pause||	ਦਿਨ ਰਾਤ ਮੈਂ ਤੇਰੇ ਸੋਹਣੇ ਸਰੂਪ ਦਾ ਧਿਆਨ ਧਰਦਾ ਰਹਾਂ ਤੇ ਤੇਰਾ ਦਰਸਨ ਮੈਨੂੰ ਆਪਣੀ ਜਿੰਦ ਨਾਲੋਂ ਪ੍ਰਾਣਾਂ ਨਾਲੋਂ ਪਿਆਰਾ ਲੱਗੇ ॥੧॥ ਰਹਾਉ ॥
23742	532	ਸਾਸਤ੍ਰ ਬੇਦ ਪੁਰਾਨ ਅਵਿਲੋਕੇ ਸਿਮ੍ਰਿਤਿ ਤਤੁ ਬੀਚਾਰਾ॥	(ਅਵਿਲੋਕੇ) ਦੇਖੇ। ਸਿਮ-ਿਤਿ: ਮ ਮੁਕਤਾ ਬੋਲੋ, ਅੱਧੇ ਰਾਰੇ੍ ਸਿਹਾਰੀ ਲਾ ਕੇ ਪੋਲਾ ਬੋਲੋ, ਸਿਹਾਰੀ ਤੱਤੇ ਨੂੰ ਭੀ ਲਾਉ	Saasathr Baedh Puraan Avilokae Simrith Thath Beechaaraa ||	I have studied and contemplated the essence of the Shaastras, the Vedas and the Puraanas.	ਹੇ ਦੀਨਾਂ ਦੇ ਨਾਥ! ਹੇ ਮੇਰੀ ਜਿੰਦ ਦੇ ਮਾਲਕ! ਹੇ ਸਰਬ-ਵਿਆਪਕ! ਮੈਂ ਸ਼ਾਸਤ੍ਰ ਵੇਦ ਪੁਰਾਣ ਵੇਖ ਚੁਕਾ ਹਾਂ, ਮੈਂ ਸਿਮ੍ਰਿਤੀਆਂ ਦਾ ਤੱਤ ਭੀ ਵਿਚਾਰ ਚੁਕਾ ਹਾਂ।
23743	532	ਦੀਨਾ ਨਾਥ ਪ੍ਰਾਨਪਤਿ ਪੂਰਨ ਭਵਜਲ ਉਧਰਨਹਾਰਾ॥੧॥	(ਉ-ਧਰਨਹਾਰਾ) ਉਧਾਰਨ ਵਾਲੇ	Dheenaa Naathh Praanapath Pooran Bhavajal Oudhharanehaaraa ||1||	Protector of the meek, Lord of the breath of life, O Perfect One, carry us across the terrifying world-ocean. ||1||	ਹੇ ਦੀਨਾਂ ਦੇ ਨਾਥ! ਹੇ ਜਿੰਦ ਦੇ ਪੂਰੇ ਮਾਲਕ! ਸਿਰਫ਼ ਤੂੰ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੀ ਤਾਕਤ ਰੱਖਦਾ ਹੈਂ ॥੧॥
23744	532	ਆਦਿ ਜੁਗਾਦਿ ਭਗਤ ਜਨ ਸੇਵਕ ਤਾਕੀ ਬਿਖੈ ਅਧਾਰਾ॥	ਜੁੱਗਾਦਿ ਤੱਾਕੀ	Aadh Jugaadh Bhagath Jan Saevak Thaa Kee Bikhai Adhhaaraa ||	Since the very beginning, and throughout the ages, the humble devotees have been Your servants; in the midst of the world of corruption, You are their Support.	ਹੇ ਪ੍ਰਭੂ ਜੀ! ਤੇਰੇ ਭਗਤ ਜਨ ਤੇਰੇ ਸੇਵਕ ਆਦਿ ਤੋਂ ਜੁਗਾਂ ਦੇ ਆਦਿ ਤੋਂ ਵਿਸ਼ੇ-ਵਿਕਾਰਾਂ ਤੋਂ ਬਚਣ ਲਈ ਤੇਰਾ ਹੀ ਆਸਰਾ ਤੱਕਦੇ ਆ ਰਹੇ ਹਨ।

23745	532	ਤਿਨ ਜਨ ਕੀ ਧੂਰਿ ਬਾਛੈ ਨਿਤ ਨਾਨਕੁ ਪਰਮੇਸਰੁ ਦੇਵਨਹਾਰਾ॥੨॥੨੦॥		Thin Jan Kee Dhhoor Baashhai Nith Naanak Paramaesar Dhaevanehaaraa ||2||20||	Nanak longs for the dust of the feet of such humble beings; the Transcendent Lord is the Giver of all. ||2||20||	ਨਾਨਕ ਉਹਨਾਂ ਭਗਤ ਜਨਾਂ ਦੇ ਪੈਰਾਂ ਦੀ ਖ਼ਾਕ (ਤੈਥੋਂ) ਮੰਗਦਾ ਹੈ, ਤੂੰ ਪਰਮੇਸਰ (ਸਭ ਤੋਂ ਵੱਡਾ ਮਾਲਕ) ਹੀ ਇਹ ਦਾਤ ਦੇਣ ਦੀ ਸਮਰਥਾ ਰੱਖਣ ਵਾਲਾ ਹੈਂ ॥੨॥੨੦॥
23746	532	ਦੇਵਗੰਧਾਰੀ ਮਹਲਾ ੫॥		Dhaevagandhhaaree Mehalaa 5 ||	Dayv-Gandhaaree, Fifth Mehl:	
23747	532	ਤੇਰਾ ਜਨੁ ਰਾਮ ਰਸਾਇਣਿ ਮਾਤਾ॥	(ਰਸਾਇਣਿ) ਰਸਾਂ ਦੇ ਘਰ। (ਮਾੱਤਾ) ਮਸਤ	Thaeraa Jan Raam Rasaaein Maathaa ||	Your humble servant, O Lord, is intoxicated with Your sublime essence.	ਹੇ ਪ੍ਰਭੂ! ਤੇਰਾ ਭਗਤ ਤੇਰੇ ਨਾਮ ਦੀ ਰਸਾਇਣ ਵਿਚ ਮਸਤ ਰਹਿੰਦਾ ਹੈ।
23748	532	ਪ੍ਰੇਮ ਰਸਾ ਨਿਧਿ ਜਾ ਕਉ ਉਪਜੀ ਛੋਡਿ ਨ ਕਤਹੂ ਜਾਤਾ॥੧॥ਰਹਾਉ॥		Praem Rasaa Nidhh Jaa Ko Oupajee Shhodd N Kathehoo Jaathaa ||1|| Rehaao ||	One who obtains the treasure of the Nectar of Your Love, does not renounce it to go somewhere else. ||1||Pause||	ਜਿਸ ਮਨੁੱਖ ਨੂੰ ਤੇਰੇ ਪ੍ਰੇਮ-ਰਸ ਦਾ ਖ਼ਜ਼ਾਨਾ ਮਿਲ ਜਾਏ, ਉਹ ਉਸ ਖ਼ਜ਼ਾਨੇ ਨੂੰ ਛੱਡ ਕੇ ਕਿਸੇ ਹੋਰ ਥਾਂ ਨਹੀਂ ਜਾਂਦਾ (ਭਟਕਦਾ) ॥੧॥ ਰਹਾਉ ॥
23749	532	ਬੈਠਤ ਹਰਿ ਹਰਿ ਸੋਵਤ ਹਰਿ ਹਰਿ ਹਰਿ ਰਸੁ ਭੋਜਨੁ ਖਾਤਾ॥		Baithath Har Har Sovath Har Har Har Ras Bhojan Khaathaa ||	While sitting, he repeats the Lord's Name, Har, Har; while sleeping, he repeats the Lord's Name, Har, Har; he eats the Nectar of the Lord's Name as his food.	(ਪ੍ਰਭੂ ਦੇ ਨਾਮ-ਰਸਾਇਣ ਵਿਚ ਮਸਤ ਮਨੁੱਖ) ਬੈਠਿਆਂ ਹਰਿ-ਨਾਮ ਉਚਾਰਦਾ ਹੈ, ਸੁੱਤਿਆਂ ਭੀ ਹਰਿ-ਨਾਮ ਵਿਚ ਸੁਰਤਿ ਰੱਖਦਾ ਹੈ, ਉਹ ਮਨੁੱਖ ਹਰਿ-ਨਾਮ-ਰਸ (ਨੂੰ ਆਤਮਕ ਜੀਵਨ ਦੀ) ਖ਼ੁਰਾਕ (ਬਣਾ ਕੇ) ਖਾਂਦਾ ਰਹਿੰਦਾ ਹੈ।

23750	532	ਅਠਸਠਿ ਤੀਰਥ ਮਜਨੁ ਕੀਨੋ ਸਾਧੂ ਧੂਰੀ ਨਾਤਾ॥੧॥	ਅੱਠਸੱਠਿ, ਮੱਜਨੁ, ਨ੍ਹਾਤਾ	Athasath Theerathh Majan Keeno Saadhhoo Dhhooree Naathaa ||1||	Bathing in the dust of the feet of the Holy is equal to taking cleansing baths at the sixty-eight sacred shrines of pilgrimage. ||1||	ਉਹ ਮਨੁੱਖ ਸੰਤ ਜਨਾਂ ਦੀ ਚਰਨ-ਧੂੜ ਵਿਚ ਇਸ਼ਨਾਨ ਕਰਦਾ ਹੈ (ਮਾਨੋ,) ਉਹ ਅਠਾਹਠ ਤੀਰਥਾਂ ਦਾ ਇਸ਼ਨਾਨ ਕਰ ਰਿਹਾ ਹੈ ॥੧॥
23751	532	ਸਫਲੁ ਜਨਮੁ ਹਰਿ ਜਨ ਕਾ ਉਪਜਿਆ ਜਿਨਿ ਕੀਨੋ ਸਉਤੁ ਬਿਧਾਤਾ॥	(ਸਉਤੁ) ਸਫਲਾ,ਸਪੁੱਤ੍ਰ ਵਾਲੇ ਸਉਂਤ੍ਰੇ। (ਬਿਧਾਤਾ) ਪ੍ਰਮਾਤਮਾ	Safal Janam Har Jan Kaa Oupajiaa Jin Keeno South Bidhhaathaa ||	How fruitful is the birth of the Lord's humble servant; the Creator is his Father.	ਪਰਮਾਤਮਾ ਦੇ ਭਗਤ ਦਾ ਜੀਵਨ ਕਾਮਯਾਬ ਹੋ ਪੈਂਦਾ ਹੈ, ਉਸ ਭਗਤ-ਜਨ ਨੇ (ਮਾਨੋ) ਪਰਮਾਤਮਾ ਨੂੰ ਸਪੁੱਤ੍ਰਾ ਬਣਾ ਦਿੱਤਾ।
23752	532	ਸਗਲ ਸਮੂਹ ਲੈ ਉਧਰੇ ਨਾਨਕ ਪੂਰਨ ਬ੍ਰਹਮੁ ਪਛਾਤਾ॥੨॥੨੧॥		Sagal Samooh Lai Oudhharae Naanak Pooran Breham Pashhaathaa ||2||21||	O Nanak, one who recognizes the Perfect Lord God, takes all with him, and saves everyone. ||2||21||	ਹੇ ਨਾਨਕ! ਉਹ ਮਨੁੱਖ ਸਰਬ-ਵਿਆਪਕ ਪ੍ਰਭੂ ਨਾਲ ਡੂੰਘੀ ਸਾਂਝ ਬਣਾ ਲੈਂਦਾ ਹੈ, ਉਹ ਆਪਣੇ ਹੋਰ ਸਾਰੇ ਹੀ ਸਾਥੀਆਂ ਨੂੰ ਭੀ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ॥੨॥੨੧॥
23753	532	ਦੇਵਗੰਧਾਰੀ ਮਹਲਾ ੫॥		Dhaevagandhhaare e Mehalaa 5 ||	Dayv-Gandhaaree, Fifth Mehl:	
23754	532	ਮਾਈ ਗੁਰ ਬਿਨੁ ਗਿਆਨੁ ਨ ਪਾਈਐ॥		Maaee Gur Bin Giaan N Paaeeai ||	O mother, without the Guru, spiritual wisdom is not obtained.	ਹੇ (ਮੇਰੀ) ਮਾਂ! ਗੁਰੂ (ਦੀ ਸਰਨ ਪੈਣ) ਤੋਂ ਬਿਨਾ ਪਰਮਾਤਮਾ ਨਾਲ ਡੂੰਘੀ ਸਾਂਝ ਨਹੀਂ ਪੈ ਸਕਦੀ।

23755	532	ਅਨਿਕ ਪ੍ਰਕਾਰ ਫਿਰਤ ਬਿਲਲਾਤੇ ਮਿਲਤ ਨਹੀ ਗੋਸਾਈਐ॥੧॥ਰਹਾਉ॥		Anik Prakaar Firath Bilalaathae Milath Nehee Gosaaeeai ||1|| Rehaao ||	They wander around, weeping and crying out in various ways, but the Lord of the World does not meet them. ||1||Pause||	ਹੋਰ ਹੋਰ ਅਨੇਕਾਂ ਕਿਸਮਾਂ ਦੇ ਉੱਦਮ ਕਰਦੇ ਲੋਕ ਭਟਕਦੇ ਫਿਰਦੇ ਹਨ, ਪਰ (ਉਹਨਾਂ ਉੱਦਮਾਂ ਨਾਲ) ਉਹ ਪਰਮਾਤਮਾ ਨੂੰ ਨਹੀਂ ਮਿਲ ਸਕਦੇ ॥੧॥ ਰਹਾਉ ॥
23756	532	ਮੋਹ ਰੋਗ ਸੋਗ ਤਨੁ ਬਾਧਿਓ ਬਹੁ ਜੋਨੀ ਭਰਮਾਈਐ॥		Moh Rog Sog Than Baadhhiou Bahu Jonee Bharamaaeeai ||	The body is tied up with emotional attachment, disease and sorrow, and so it is lured into countless reincarnations.	(ਗੁਰੂ ਦੀ ਸਰਨ ਤੋਂ ਬਿਨਾ) ਸਰੀਰ (ਮਾਇਆ ਦੇ) ਮੋਹ (ਸਰੀਰਕ) ਰੋਗਾਂ ਅਤੇ ਗ਼ਮਾਂ ਨਾਲ ਜਕੜਿਆ ਰਹਿੰਦਾ ਹੈ, ਅਨੇਕਾਂ ਜੂਨਾਂ ਵਿਚ ਭਟਕਦੇ ਫਿਰੀਦਾ ਹੈ।
23757	532	ਟਿਕਨੁ ਨ ਪਾਵੈ ਬਿਨੁ ਸਤਸੰਗਤਿ ਕਿਸੁ ਆਗੈ ਜਾਇ ਰੂਆਈਐ॥੧॥	(ਰੂਆਈਐ) ਪੁਕਾਰੀਏ	Ttikan N Paavai Bin Sathasangath Kis Aagai Jaae Rooaaeeai ||1||	He finds no place of rest without the Saadh Sangat, the Company of the Holy; to whom should he go and cry? ||1||	ਸਾਧ ਸੰਗਤ (ਦੀ ਸਰਨ) ਤੋਂ ਬਿਨਾ (ਜੂਨਾਂ ਦੇ ਗੇੜ ਤੋਂ) ਟਿਕਾਣਾ ਨਹੀਂ ਹਾਸਲ ਕਰ ਸਕੀਦਾ। (ਗੁਰੂ ਤੋਂ ਬਿਨਾ) ਕਿਸੇ ਹੋਰ ਪਾਸ (ਇਸ ਦੁੱਖ ਦੀ ਨਵਿਰਤੀ ਵਾਸਤੇ) ਫਰਿਆਦ ਭੀ ਨਹੀਂ ਕੀਤੀ ਜਾ ਸਕਦੀ ॥੧॥
23758	532	ਕਰੈ ਅਨੁਗ੍ਰਹੁ ਸੁਆਮੀ ਮੇਰਾ ਸਾਧ ਚਰਨ ਚਿਤੁ ਲਾਈਐ॥	ਅ-ਨੁੱਗ੍ਰਹੁ	Karai Anugrahu Suaamee Maeraa Saadhh Charan Chith Laaeeai ||	When my Lord and Master shows His Mercy, we lovingly focus our consciousness on the feet of the Holy.	ਹੇ ਮਾਂ! ਜਦੋਂ ਮੇਰਾ ਮਾਲਕ-ਪ੍ਰਭੂ ਮੇਹਰ ਕਰਦਾ ਹੈ, ਤਦੋਂ ਗੁਰੂ ਦੇ ਚਰਨਾਂ ਵਿਚ ਚਿੱਤ ਜੋੜ ਸਕੀਦਾ ਹੈ।

23759	532	ਸੰਕਟ ਘੋਰ ਕਟੇ ਖਿਨ ਭੀਤਰਿ ਨਾਨਕ ਹਰਿ ਦਰਸਿ ਸਮਾਈਐ॥੨॥੨੨॥	ਕੱਟੇ	Sankatt Ghor Kattae Khin Bheethar Naanak Har Dharas Samaaeeai ||2||22||	The most horrible agonies are dispelled in an instant, O Nanak, and we merge in the Blessed Vision of the Lord. ||2||22||	ਹੇ ਨਾਨਕ! (ਗੁਰੂ ਦੀ ਕਿਰਪਾ ਨਾਲ) ਭਿਆਨਕ ਦੁੱਖ ਇਕ ਖਿਨ ਵਿਚ ਕੱਟੇ ਜਾਂਦੇ ਹਨ, ਤੇ, ਪਰਮਾਤਮਾ ਦੇ ਦੀਦਾਰ ਵਿਚ ਲੀਨ ਹੋ ਜਾਈਦਾ ਹੈ ॥੨॥੨੨॥
23760	532	ਦੇਵਗੰਧਾਰੀ ਮਹਲਾ ੫॥		Dhaevagandhhaare e Mehalaa 5 ||	Dayv-Gandhaaree, Fifth Mehl:	
23761	532	ਠਾਕੁਰ ਹੋਏ ਆਪਿ ਦਇਆਲ॥		Thaakur Hoeae Aap Dhaeiaal ||	The Lord and Master Himself has become Merciful.	ਜਦੋਂ ਆਪਣੇ ਸੇਵਕ ਉੱਤੇ ਪ੍ਰਭੂ ਜੀ ਦਇਆਵਾਨ ਹੁੰਦੇ ਹਨ,
23762	532	ਭਈ ਕਲਿਆਣ ਅਨੰਦ ਰੂਪ ਹੋਈ ਹੈ ਉਬਰੇ ਬਾਲ ਗੁਪਾਲ॥ਰਹਾਉ॥		Bhee Kaliaan Anandh Roop Hoee Hai Oubarae Baal Gupaal || Rehaao ||	I have been emancipated, and I have become the embodiment of bliss; I am the Lord's child - He has saved me. ||Pause||	ਤਾਂ ਸੇਵਕ ਦੇ ਅੰਦਰ ਪੂਰਨ ਸ਼ਾਂਤੀ ਪੈਦਾ ਹੋ ਜਾਂਦੀ ਹੈ ਤੇ ਪ੍ਰਭੂ ਦੀ ਕਿਰਪਾ ਨਾਲ ਆਨੰਦ-ਭਰਪੂਰ ਹੋ ਜਾਈਦਾ ਹੈ। ਸ੍ਰਿਸ਼ਟੀ ਦੇ ਪਾਲਣਹਾਰ-ਪਿਤਾ ਦਾ ਪੱਲਾ ਫੜਨ ਵਾਲੇ ਬੱਚੇ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦੇ ਹਨ। ਰਹਾਉ॥

23763	532	ਦੁਇ ਕਰ ਜੋੜਿ ਕਰੀ ਬੇਨੰਤੀ ਪਾਰਬ੍ਰਹਮੁ ਮਨਿ ਧਿਆਇਆ॥		Dhue Kar Jorr Karee Baenanthee Paarabreham Man Dhhiaaeiaa ||	With my palms pressed together, I offer my prayer; within my mind, I meditate on the Supreme Lord God.	ਜਿਨ੍ਹਾਂ ਵਡ-ਭਾਗੀਆਂ ਨੇ ਆਪਣੇ ਦੋਵੇਂ ਹੱਥ ਜੋੜ ਕੇ ਪਰਮਾਤਮਾ ਅੱਗੇ ਅਰਜ਼ੋਈ ਕੀਤੀ, ਪਰਮਾਤਮਾ ਨੂੰ ਆਪਣੇ ਮਨ ਵਿਚ ਆਰਾਧਿਆ,
23764	532	ਹਾਥੁ ਦੇਇ ਰਾਖੇ ਪਰਮੇਸੁਰਿ ਸਗਲਾ ਦੁਰਤੁ ਮਿਟਾਇਆ॥੧॥	(ਦੁਰਤੁ) ਪਾਪ। ਦੇਇ	Haathh Dhaee Raakhae Paramaesur Sagalaa Dhurath Mittaaeiaa ||1||	Giving me His hand, the Transcendent Lord has eradicated all my sins. ||1||	ਪਰਮਾਤਮਾ ਨੇ ਆਪਣਾ ਹੱਥ ਦੇ ਕੇ ਉਹਨਾਂ ਨੂੰ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚਾ ਲਿਆ, (ਉਹਨਾਂ ਦਾ ਪਿਛਲਾ ਕੀਤਾ) ਸਾਰਾ ਪਾਪ ਦੂਰ ਕਰ ਦਿੱਤਾ ॥੧॥
23765	532	ਵਰ ਨਾਰੀ ਮਿਲਿ ਮੰਗਲੁ ਗਾਇਆ ਠਾਕੁਰ ਕਾ ਜੈਕਾਰੁ॥		Var Naaree Mil Mangal Gaaeiaa Thaakur Kaa Jaikaar ||	Husband and wife join together in rejoicing, celebrating the Victory of the Lord Master.	(ਜਦ ਪ੍ਰਭੂ ਜੀ ਦਇਆਵਾਨ ਹੋਏ) ਗਿਆਨ-ਇੰਦ੍ਰਿਆਂ ਨੇ ਪ੍ਰਭੂ-ਪਤੀ ਨੂੰ ਮਿਲ ਕੇ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਗੀਤ ਗਾਣਾ ਸ਼ੁਰੂ ਕਰ ਦਿੱਤਾ।
23766	532	ਕਹੁ ਨਾਨਕ ਜਨ ਕਉ ਬਲਿ ਜਾਈਐ ਜੋ ਸਭਨਾ ਕਰੇ ਉਧਾਰੁ॥੨॥੨੩॥		Kahu Naanak Jan Ko Bal Jaaeeai Jo Sabhanaa Karae Oudhhaar ||2||23||	Says Nanak, I am a sacrifice to the humble servant of the Lord, who emancipates everyone. ||2||23||	ਨਾਨਕ ਆਖਦਾ ਹੈ- ਪ੍ਰਭੂ ਦੇ ਉਸ ਭਗਤ ਤੋਂ ਕੁਰਬਾਨ ਹੋਣਾ ਚਾਹੀਦਾ ਹੈ ਜੇਹੜਾ ਹੋਰ ਸਭ ਜੀਵਾਂ ਦਾ ਭੀ ਪਾਰ-ਉਤਾਰਾ ਕਰ ਲੈਂਦਾ ਹੈ ॥੨॥੨੩॥
23767	533	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

23768	533	ਦੇਵਗੰਧਾਰੀ ਮਹਲਾ ੫॥		Dhaevagandhhaaree Mehalaa 5 ||	Dayv-Gandhaaree, Fifth Mehl:	ਰਾਗ ਦੇਵਗੰਧਾਰੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
23769	533	ਅਪੁਨੇ ਸਤਿਗੁਰ ਪਹਿ ਬਿਨਉ ਕਹਿਆ॥		Apunae Sathigur Pehi Bino Kehiaa ||	I offer my prayer to my True Guru.	ਜਦੋਂ ਮੈਂ ਆਪਣੇ ਗੁਰੂ ਪਾਸ ਅਰਜ਼ੋਈ ਕਰਨੀ ਸ਼ੁਰੂ ਕੀਤੀ,
23770	533	ਭਏ ਕ੍ਰਿਪਾਲ ਦਇਆਲ ਦੁਖਭੰਜਨ ਮੇਰਾ ਸਗਲ ਅੰਦੇਸਰਾ ਗਇਆ॥ਰਹਾਉ॥	(ਅੰਦੇਸਰਾ) ਚਿੰਤਾ। ਗਇਆ	Bheae Kirapaal Dhaeiaal Dhukh Bhanjan Maeraa Sagal Andhaesaraa Gaeiaa || Rehaao ||	The Destroyer of distress has become kind and merciful, and all my anxiety is over. ||Pause||	ਤਾਂ ਦੁੱਖਾਂ ਦੇ ਨਾਸ ਕਰਨ ਵਾਲੇ ਪਿਆਰੇ ਪ੍ਰਭੂ ਜੀ ਮੇਰੇ ਉੱਤੇ ਦਇਆਵਾਨ ਹੋਏ (ਪ੍ਰਭੂ ਜੀ ਦੀ ਕਿਰਪਾ ਨਾਲ) ਮੇਰਾ ਸਾਰਾ ਚਿੰਤਾ-ਫ਼ਿਕਰ ਦੂਰ ਹੋ ਗਿਆ। ਰਹਾਉ॥
23771	533	ਹਮ ਪਾਪੀ ਪਾਖੰਡੀ ਲੋਭੀ ਹਮਰਾ ਗੁਨੁ ਅਵਗੁਨੁ ਸਭੁ ਸਹਿਆ॥		Ham Paapee Paakhanddee Lobhee Hamaraa Gun Avagun Sabh Sehiaa ||	I am a sinner, hypocritical and greedy, but still, He puts up with all of my merits and demerits.	ਅਸੀਂ ਜੀਵ ਪਾਪੀ ਹਾਂ, ਪਖੰਡੀ ਹਾਂ, ਲੋਭੀ ਹਾਂ (ਪਰਮਾਤਮਾ ਇਤਨਾ ਦਇਆਵਾਨ ਹੈ ਕਿ ਉਹ) ਸਾਡਾ ਹਰੇਕ ਗੁਣ ਔਗੁਣ ਸਹਾਰਦਾ ਹੈ।

23772	533	ਕਰੁ ਮਸਤਕਿ ਧਾਰਿ ਸਾਜਿ ਨਿਵਾਜੇ ਮੁਏ ਦੁਸਟ ਜੋ ਖਇਆ॥੧॥	(ਖ-ਇਆ) ਨਾਸ ਰੂਪ	Kar Masathak Dhhaar Saaj Nivaajae Mueae Dhusatt Jo Khaeiaa ||1||	Placing His hand on my forehead, He has exalted me. The wicked ones who wanted to destroy me have been killed. ||1||	ਜੀਵਾਂ ਨੂੰ ਪੈਦਾ ਕਰ ਕੇ ਉਹਨਾਂ ਦੇ ਮੱਥੇ ਉਤੇ ਹੱਥ ਰੱਖ ਕੇ ਉਹਨਾਂ ਦੇ ਜੀਵਨ ਸਵਾਰਦਾ ਹੈ (ਜਿਸ ਦੀ ਬਰਕਤਿ ਨਾਲ ਕਾਮਾਦਿਕ) ਵੈਰੀ, ਜੋ ਆਤਮਕ ਜੀਵਨ ਦਾ ਨਾਸ ਕਰਨ ਵਾਲੇ ਹਨ, ਮੁੱਕ ਜਾਂਦੇ ਹਨ ॥੧॥
23773	533	ਪਰਉਪਕਾਰੀ ਸਰਬ ਸਧਾਰੀ ਸਫਲ ਦਰਸਨ ਸਹਜਇਆ॥	(ਸਧਾਰੀ) ਸਹਾਰਾ ਦੇਣ ਵਾਲੇ। (ਸਹ-ਜਇਆ) ਸਹਜ ਵਾਲੇ	Paroupakaaree Sarab Sadhhaaree Safal Dharasan Sehajaeiaa ||	He is generous and benevolent, the beautifier of all, the embodiment of peace; the Blessed Vision of His Darshan is so fruitful!	ਪ੍ਰਭੂ ਜੀ ਪਰ-ਉਪਕਾਰੀ ਹਨ, ਸਾਰੇ ਜੀਵਾਂ ਨੂੰ ਆਸਰਾ ਦੇਣ ਵਾਲੇ ਹਨ, ਪ੍ਰਭੂ ਦਾ ਦੀਦਾਰ ਮਨੁੱਖਾ ਜੀਵਨ ਦਾ ਫਲ ਦੇਣ ਵਾਲਾ ਹੈ, ਆਤਮਕ ਅਡੋਲਤਾ ਦੀ ਦਾਤ ਕਰਨ ਵਾਲਾ ਹੈ।
23774	533	ਕਹੁ ਨਾਨਕ ਨਿਰਗੁਣ ਕਉ ਦਾਤਾ ਚਰਣਕਮਲ ਉਰ ਧਰਿਆ॥੨॥੨੪॥	(ਉਰ) ਹਿਰਦਾ	Kahu Naanak Niragun Ko Dhaathaa Charan Kamal Our Dhhariaa ||2||24||	Says Nanak, He is the Giver to the unworthy; I enshrine His Lotus Feet within my heart. ||2||24||	ਹੇ ਨਾਨਕ, ਆਖ! ਪ੍ਰਭੂ ਗੁਣ-ਹੀਨ ਜੀਵਾਂ ਨੂੰ ਭੀ ਦਾਤਾਂ ਦੇਣ ਵਾਲਾ ਹੈ। ਮੈਂ ਉਸ ਦੇ ਸੋਹਣੇ ਕੋਮਲ ਚਰਨ (ਗੁਰੂ ਦੀ ਕਿਰਪਾ ਨਾਲ ਆਪਣੇ) ਹਿਰਦੇ ਵਿਚ ਟਿਕਾ ਲਏ ਹਨ ॥੨॥੨੪॥
23775	533	ਦੇਵਗੰਧਾਰੀ ਮਹਲਾ ੫ ॥		Dhaevagandhhaaree Mehalaa 5 ||	Dayv-Gandhaaree, Fifth Mehl:	
23776	533	ਅਨਾਥ ਨਾਥ ਪ੍ਰਭ ਹਮਾਰੇ॥		Anaathh Naathh Prabh Hamaarae ||	My God is the Master of the masterless.	ਹੇ ਅਨਾਥਾਂ ਦੇ ਨਾਥ ਸਾਡੇ ਪ੍ਰਭੂ!

23777	533	ਸਰਨਿ ਆਇਓ ਰਾਖਨਹਾਰੇ॥ਰਹਾਉ॥		Saran Aaeiou Raakhanehaarae || Rehaao ||	I have come to the Sanctuary of the Savior Lord. ||Pause||	ਮੈਂ ਤੇਰੀ ਸਰਨ ਆਇਆ ਹਾਂ, ਹੇ ਮੇਰੇ ਰੱਖਣ ਹਾਰ ਪ੍ਰਭੂ! ਰਹਾਉ॥
23778	533	ਸਰਬ ਪਾਖ ਰਾਖੁ ਮੁਰਾਰੇ॥		Sarab Paakh Raakh Muraarae ||	Protect me on all sides, O Lord;	ਹੇ ਮੁਰਾਰੀ! ਹਰ ਥਾਂ ਮੇਰੀ ਸਹਾਇਤਾ ਕਰ!
23779	533	ਆਗੈ ਪਾਛੈ ਅੰਤੀ ਵਾਰੇ॥੧॥		Aagai Paashhai Anthee Vaarae ||1||	Protect me in the future, in the past, and at the very last moment. ||1||	ਪਰਲੋਕ ਵਿਚ, ਇਸ ਲੋਕ ਵਿਚ ਤੇ ਅਖ਼ੀਰਲੇ ਵੇਲੇ ॥੧॥
23780	533	ਜਬ ਚਿਤਵਉ ਤਬ ਤੁਹਾਰੇ॥		Jab Chithavo Thab Thuhaarae ||	Whenever something comes to mind, it is You.	ਹੇ ਪ੍ਰਭੂ! ਮੈਂ ਜਦੋਂ ਭੀ ਚੇਤੇ ਕਰਦਾ ਹਾਂ ਤਦੋਂ ਤੇਰੇ ਗੁਣ ਹੀ ਚੇਤੇ ਕਰਦਾ ਹਾਂ।
23781	533	ਉਨ ਸਮ੍ਹਾਰਿ ਮੇਰਾ ਮਨੁ ਸਧਾਰੇ॥੨॥		Oun Samhaar Maeraa Man Sadhhaarae ||2||	Contemplating Your virtues, my mind is sanctified. ||2||	(ਤੇਰੇ) ਉਹਨਾਂ (ਗੁਣਾਂ) ਨੂੰ ਚੇਤੇ ਕਰ ਕੇ ਮੇਰਾ ਮਨ ਧੀਰਜ ਫੜਦਾ ਹੈ ॥੨॥
23782	533	ਸੁਨਿ ਗਾਵਉ ਗੁਰ ਬਚਨਾਰੇ॥		Sun Gaavo Gur Bachanaarae ||	I hear and sing the Hymns of the Guru's Word.	ਗੁਰੂ ਦੇ ਬਚਨ ਸੁਣ ਕੇ ਹੀ (ਹੇ ਪ੍ਰਭੂ!) ਮੈਂ (ਤੇਰੀ ਸਿਫ਼ਤ-ਸਾਲਾਹ ਦੇ ਗੀਤ) ਗਾਂਦਾ ਹਾਂ।
23783	533	ਬਲਿ ਬਲਿ ਜਾਉ ਸਾਧ ਦਰਸਾਰੇ॥੩॥		Bal Bal Jaao Saadhh Dharasaarae ||3||	I am a sacrifice, a sacrifice to the Blessed Vision of the Darshan of the Holy. ||3||	ਹੇ ਪ੍ਰਭੂ! ਮੈਂ ਗੁਰੂ ਦੇ ਦੀਦਾਰ ਤੋਂ ਕੁਰਬਾਨ ਜਾਂਦਾ ਹਾਂ, ਸਦਕੇ ਜਾਂਦਾ ਹਾਂ ॥੩॥
23784	533	ਮਨ ਮਹਿ ਰਾਖਉ ਏਕ ਅਸਾਰੇ॥	(ਅਸਾਰੇ) ਆਸਰੇ	Man Mehi Raakho Eaek Asaarae ||	Within my mind, I have the Support of the One Lord alone.	ਮੈਂ ਆਪਣੇ ਮਨ ਵਿਚ ਸਿਰਫ਼ ਤੇਰੀ ਹੀ ਸਹਾਇਤਾ ਦੀ ਆਸ ਰੱਖਦਾ ਹਾਂ।

23785	533	ਨਾਨਕ ਪ੍ਰਭ ਮੇਰੇ ਕਰਨੈਹਾਰੇ॥੪॥੨੫॥		Naanak Prabh Maerae Karanaihaarae ||4||25||	O Nanak, my God is the Creator of all. ||4||25||	ਹੇ ਨਾਨਕ! ਮੇਰਾ ਪ੍ਰਭੂ ਸਭ ਕੁਝ ਕਰਨ ਵਾਲਾ ਹੈ ॥੪॥੨੫॥
23786	533	ਦੇਵਗੰਧਾਰੀ ਮਹਲਾ ੫॥		Dhaevagandhhaaree Mehalaa 5 ||	Dayv-Gandhaaree, Fifth Mehl:	
23787	533	ਪ੍ਰਭ ਇਹੈ ਮਨੋਰਥੁ ਮੇਰਾ॥		Prabh Eihai Manorathh Maeraa ||	God, this is my heart's desire:	ਮੇਰੇ ਮਨ ਦੀ ਇਹੀ ਤਾਂਘ ਹੈ,
23788	533	ਕ੍ਰਿਪਾਨਿਧਾਨ ਦਇਆਲ ਮੋਹਿ ਦੀਜੈ ਕਰਿ ਸੰਤਨ ਕਾ ਚੇਰਾ॥ਰਹਾਉ॥		Kirapaa Nidhhaan Dhaeiaal Mohi Dheejai Kar Santhan Kaa Chaeraa || Rehaao ||	O treasure of kindness, O Merciful Lord, please make me the slave of your Saints. ||Pause||	ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਹੇ ਦਇਆਲ ਪ੍ਰਭੂ! ਕਿ ਮੈਨੂੰ ਇਹ ਦਾਨ ਦੇਹ ਜੁ ਮੈਨੂੰ ਆਪਣੇ ਸੰਤ ਜਨਾਂ ਦਾ ਸੇਵਕ ਬਣਾਈ ਰੱਖਾਂ। ਰਹਾਉ॥
23789	533	ਪ੍ਰਾਤਹਕਾਲ ਲਾਗਉ ਜਨ ਚਰਨੀ ਨਿਸ ਬਾਸੁਰ ਦਰਸੁ ਪਾਵਉ॥	(ਪ੍ਰਾਤਹਕਾਲ) ਸਵੇਰੇ	Praathehakaal Laago Jan Charanee Nis Baasur Dharas Paavo ||	In the early hours of the morning, I fall at the feet of Your humble servants; night and day, I obtain the Blessed Vision of their Darshan.	ਹੇ ਪ੍ਰਭੂ! ਸਵੇਰੇ (ਉੱਠ ਕੇ) ਮੈਂ ਤੇਰੇ ਸੰਤ ਜਨਾਂ ਦੀ ਚਰਨੀਂ ਲੱਗਾਂ, ਦਿਨ ਰਾਤ ਮੈਂ ਤੇਰੇ ਸੰਤ ਜਨਾਂ ਦਾ ਦਰਸ਼ਨ ਕਰਦਾ ਰਹਾਂ।

23790	533	ਤਨੁ ਮਨੁ ਅਰਪਿ ਕਰਉ ਜਨ ਸੇਵਾ ਰਸਨਾ ਹਰਿ ਗੁਨ ਗਾਵਉ॥੧॥		Than Man Arap Karo Jan Saevaa Rasanaa Har Gun Gaavo ||1||	Dedicating my body and mind, I serve the humble servant of the Lord; with my tongue, I sing the Glorious Praises of the Lord. ||1||	ਆਪਣਾ ਸਰੀਰ ਆਪਣਾ ਮਨ ਭੇਟਾ ਕਰ ਕੇ ਮੈਂ (ਸਦਾ) ਸੰਤ ਜਨਾਂ ਦੀ ਸੇਵਾ ਕਰਦਾ ਰਹਾਂ, ਤੇ ਆਪਣੀ ਜੀਭ ਨਾਲ ਮੈਂ ਹਰੀ-ਗੁਣ ਗਾਂਦਾ ਰਹਾਂ ॥੧॥
23791	533	ਸਾਸਿ ਸਾਸਿ ਸਿਮਰਉ ਪ੍ਰਭੁ ਅਪੁਨਾ ਸੰਤਸੰਗਿ ਨਿਤ ਰਹੀਐ॥		Saas Saas Simaro Prabh Apunaa Santhasang Nith Reheeai ||	With each and every breath, I meditate in remembrance on my God; I live continually in the Society of the Saints.	ਮੈਂ ਹਰੇਕ ਸਾਹ ਦੇ ਨਾਲ ਆਪਣੇ ਪ੍ਰਭੂ ਦਾ ਸਿਮਰਨ ਕਰਦਾ ਰਹਾਂ ਤੇ ਸਦਾ ਸੰਤਾਂ ਦੀ ਸੰਗਤ ਵਿਚ ਟਿਕੇ ਰਹਾਂ।
23792	533	ਏਕੁ ਅਧਾਰੁ ਨਾਮੁ ਧਨੁ ਮੋਰਾ ਅਨਦੁ ਨਾਨਕ ਇਹੁ ਲਹੀਐ॥੨॥੨੬॥		Eaek Adhhaar Naam Dhhan Moraa Anadh Naanak Eihu Leheeai ||2||26||	The Naam, the Name of the Lord, is my only support and wealth; O Nanak, from this, I obtain bliss. ||2||26||	ਹੇ ਨਾਨਕ! ਸਿਰਫ਼ ਪਰਮਾਤਮਾ ਦਾ ਨਾਮ-ਧਨ ਹੀ ਮੇਰਾ ਜੀਵਨ-ਆਸਰਾ ਬਣਿਆ ਰਹੇ ਤੇ (ਨਾਮ-ਸਿਮਰਨ ਦਾ) ਇਹ ਆਨੰਦ (ਸਦਾ) ਮਿਲਦਾ ਰਹੇ ॥੨॥੨੬॥
23793	533	ਰਾਗੁ ਦੇਵਗੰਧਾਰੀ ਮਹਲਾ ੫ ਘਰੁ ੩		Raag Dhaevagandhhaaree Mehalaa 5 Ghar 3	Raag Dayv-Gandhaaree, Fifth Mehl, Third House:	ਰਾਗ ਦੇਵਗੰਧਾਰੀ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
23794	533	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

23795	533	ਮੀਤਾ ਐਸੇ ਹਰਿ ਜੀਉ ਪਾਏ॥		Meethaa Aisae Har Jeeo Paaeae ||	O friend, such is the Dear Lord whom I have obtained.	ਮੈਨੂੰ ਅਜੇਹਾ ਮਿੱਤਰ ਪ੍ਰਭੂ ਜੀ ਲੱਭ ਗਿਆ ਹੈ,
23796	533	ਛੋਡਿ ਨ ਜਾਈ ਸਦ ਹੀ ਸੰਗੇ ਅਨ ਦਿਨੁ ਗੁਰ ਮਿਲਿ ਗਾਏ॥੧॥ਰਹਾਉ॥		Shhodd N Jaaee Sadh Hee Sangae Anadhin Gur Mil Gaaeae ||1|| Rehaao ||	He does not leave me, and He always keeps me company. Meeting the Guru, night and day, I sing His Praises. ||1||Pause||	ਜੋ ਮੈਨੂੰ ਛੱਡ ਕੇ ਨਹੀਂ ਜਾਂਦਾ, ਸਦਾ ਮੇਰੇ ਨਾਲ ਰਹਿੰਦਾ ਹੈ, ਗੁਰੂ ਨੂੰ ਮਿਲ ਕੇ ਮੈਂ ਹਰ ਵੇਲੇ ਉਸ ਦੇ ਗੁਣ ਗਾਂਦਾ ਰਹਿੰਦਾ ਹਾਂ ॥੧॥ ਰਹਾਉ ॥
23797	533	ਮਿਲਿਓ ਮਨੋਹਰੁ ਸਰਬ ਸੁਖੈਨਾ ਤਿਆਗਿ ਨ ਕਤਹੂ ਜਾਏ॥	(ਮਨੋਹਰੁ) ਮਨ ਮੋਹਣ ਵਾਲੇ ਵਾਹਿਗੁਰੂ ਜੀ	Miliou Manohar Sarab Sukhainaa Thiaag N Kathehoo Jaaeae ||	I met the Fascinating Lord, who has blessed me with all comforts; He does not leave me to go anywhere else.	ਮੇਰੇ ਮਨ ਨੂੰ ਮੋਹ ਲੈਣ ਵਾਲਾ, ਮੈਨੂੰ ਸਾਰੇ ਸੁਖ ਦੇਣ ਵਾਲਾ ਪ੍ਰਭੂ ਮਿਲ ਪਿਆ ਹੈ, ਮੈਨੂੰ ਛੱਡ ਕੇ ਉਹ ਹੋਰ ਕਿਤੇ ਭੀ ਨਹੀਂ ਜਾਂਦਾ,
23798	533	ਅਨਿਕ ਅਨਿਕ ਭਾਤਿ ਬਹੁ ਪੇਖੇ ਪ੍ਰਿਅ ਰੋਮ ਨ ਸਮਸਰਿ ਲਾਏ॥੧॥	ਭਾਂਤਿ	Anik Anik Bhaath Bahu Paekhae Pria Rom N Samasar Laaeae ||1||	I have seen the mortals of many and various types, but they are not equal to even a hair of my Beloved. ||1||	ਹੋਰ ਬਥੇਰੇ ਅਨੇਕਾਂ ਕਿਸਮਾਂ ਦੇ (ਵਿਅਕਤੀ) ਵੇਖ ਲਏ ਹਨ, ਪਰ ਕੋਈ ਭੀ ਪਿਆਰੇ ਪ੍ਰਭੂ ਦੇ ਇਕ ਵਾਲ ਦੀ ਭੀ ਬਰਾਬਰੀ ਨਹੀਂ ਕਰ ਸਕਦਾ ॥੧॥
23799	533	ਮੰਦਰਿ ਭਾਗੁ ਸੋਭ ਦੁਆਰੈ ਅਨਹਤ ਰੁਣੁ ਝੁਣੁ ਲਾਏ॥		Mandhar Bhaag Sobh Dhuaarai Anehath Run Jhun Laaeae ||	His palace is so beautiful! His gate is so wonderful! The celestial melody of the sound current resounds there.	ਉਸ ਦੇ ਹਿਰਦੇ-ਘਰ ਵਿਚ ਭਾਗ ਜਾਗ ਪੈਂਦਾ ਹੈ, ਪ੍ਰਭੂ ਦੇ ਦਰ ਤੇ ਸੋਭਾ ਮਿਲਦੀ ਹੈ ਤੇ ਉਸ ਦੇ ਹਿਰਦੇ ਵਿਚ ਇਕ ਰਸ ਧੀਮਾ ਧੀਮਾ ਖ਼ੁਸ਼ੀ ਦਾ ਗੀਤ ਹੁੰਦਾ ਰਹਿੰਦਾ ਹੈ,

23800	533	ਕਹੁ ਨਾਨਕ ਸਦਾ ਰੰਗੁ ਮਾਣੇ ਗ੍ਰਿਹ ਪ੍ਰਿਅ ਥੀਤੇ ਸਦ ਥਾਏ॥੨॥੧॥੨੭॥	(ਥੀਤੇ) ਇਸਥਿੱਤ	Kahu Naanak Sadhaa Rang Maanae Grih Pria Thheethae Sadh Thhaaeae ||2||1||27||	Says Nanak, I enjoy eternal bliss; I have obtained a permanent place in the home of my Beloved. ||2||1||27||	ਅਤੇ ਨਾਨਕ ਆਖਦਾ ਹੈ- ਉਹ ਸਦਾ ਆਤਮਕ ਆਨੰਦ ਮਾਣਦਾ ਹੈ, ਜਿਸ ਜੀਵ ਦੇ ਹਿਰਦੇ-ਘਰ ਵਿਚ ਪ੍ਰਭੂ ਜੀ ਸਦਾ ਲਈ ਆ ਟਿਕਦੇ ਹਨ ॥੨॥੧॥੨੭॥
23801	533	ਦੇਵਗੰਧਾਰੀ ੫॥		Dhaevagandhhaare 5 ||	Dayv-Gandhaaree, Fifth Mehl:	
23802	533	ਦਰਸਨ ਨਾਮ ਕਉ ਮਨੁ ਆਛੈ॥		Dharasan Naam Ko Man Aashhai ||	My mind longs for the Blessed Vision of the Lord's Darshan, and His Name.	ਪਰਮਾਤਮਾ ਦਾ ਦਰਸਨ ਕਰਨ ਵਾਸਤੇ ਤੇ ਨਾਮ ਜਪਣ ਵਾਸਤੇ, ਮੇਰਾ ਮਨ ਤਾਂਘਦਾ ਹੈ।
23803	533	ਭ੍ਰਮਿ ਆਇਓ ਹੈ ਸਗਲ ਥਾਨ ਰੇ ਆਹਿ ਪਰਿਓ ਸੰਤ ਪਾਛੈ॥੧॥ਰਹਾਉ॥		Bhram Aaeiou Hai Sagal Thhaan Rae Aahi Pariou Santh Paashhai ||1|| Rehaao ||	I have wandered everywhere, and now I have come to follow the Saint. ||1||Pause||	ਮੇਰਾ ਇਹ ਮਨ ਭਟਕ ਭਟਕ ਕੇ ਸਭਨੀਂ ਥਾਈਂ ਹੋ ਆਇਆ ਹੈ, ਹੁਣ ਤਾਂਘ ਕਰ ਕੇ ਸੰਤਾਂ ਦੀ ਚਰਨੀਂ ਆ ਪਿਆ ਹੈ ॥੧॥ ਰਹਾਉ ॥
23804	533	ਕਿਸੁ ਹਉ ਸੇਵੀ ਕਿਸੁ ਆਰਾਧੀ ਜੋ ਦਿਸਟੈ ਸੋ ਗਾਛੈ॥	(ਗਾਛੈ) ਨਾਸਵੰਤ	Kis Ho Saevee Kis Aaraadhhee Jo Dhisattai So Gaashhai ||	Whom should I serve? Whom should I worship in adoration? Whoever I see shall pass away.	(ਸੰਸਾਰ ਵਿਚ) ਜੋ ਕੁਝ ਦਿੱਸ ਰਿਹਾ ਹੈ ਉਹ ਨਾਸਵੰਤ ਹੈ, (ਇਸ ਵਾਸਤੇ) ਮੈਂ ਕਿਸ ਦੀ ਸੇਵਾ ਕਰਾਂ ਤੇ ਕਿਸ ਦਾ ਆਰਾਧਨ ਕਰਾਂ?

23805	534	ਸਾਧਸੰਗਤਿ ਕੀ ਸਰਨੀ ਪਰੀਐ ਚਰਣ ਰੇਨੁ ਮਨੁ ਬਾਛੈ॥੧॥	ਬਾਂਛੈ	Saadhhasangath Kee Saranee Pareeai Charan Raen Man Baashhai ||1||	I have sought the Sanctuary of the Saadh Sangat, the Company of the Holy; my mind longs for the dust of their Feet. ||1||	ਸਾਧ ਸੰਗਤ ਦੀ ਸਰਨ ਪੈਣਾ ਚਾਹੀਦਾ ਹੈ। ਮੇਰਾ ਮਨ ਸਾਧ ਜਨਾਂ ਦੇ ਚਰਨਾਂ ਦੀ ਹੀ ਧੂੜ ਮੰਗਦਾ ਹੈ ॥੧॥
23806	534	ਜੁਗਤਿ ਨ ਜਾਨਾ ਗੁਨੁ ਨਹੀ ਕੋਈ ਮਹਾ ਦੁਤਰੁ ਮਾਇਆਛੈ॥	(ਦੁੱਤ-ਰੁ) ਕਠਨ। ਮਾਇਆ-ਛੈ (ਛੈ) ਨਾਸਵੰਤ ਮਾਇਆ	Jugath N Jaanaa Gun Nehee Koee Mehaa Dhuthar Maae Aashhai ||	I do not know the way, and I have no virtue. It is so difficult to escape from Maya!	ਮੈਨੂੰ (ਇਸ ਮਾਇਆ-ਸਮੁੰਦਰ ਤੋਂ ਪਾਰ ਲੰਘਣ ਦਾ) ਕੋਈ ਢੰਗ ਨਹੀਂ ਆਉਂਦਾ, ਮੇਰੇ ਵਿਚ ਕੋਈ (ਐਸਾ) ਗੁਣ (ਭੀ) ਨਹੀਂ, ਇਹ ਮਾਇਆ (-ਸਮੁੰਦਰ) ਤੋਂ ਪਾਰ ਲੰਘਣਾ ਬਹੁਤ ਹੀ ਔਖਾ ਹੈ।
23807	534	ਆਇ ਪਇਓ ਨਾਨਕ ਗੁਰ ਚਰਨੀ ਤਉ ਉਤਰੀ ਸਗਲ ਦੁਰਾਛੈ॥੨॥੨॥੨੮॥	(ਦੁਰਾਛੈ) ਮੰਦੀ ਵਾਸਨਾ	Aae Paeiou Naanak Gur Charanee Tho Outharee Sagal Dhuraashhai ||2||2||28||	Nanak has come and fallen at the Guru's feet; all of his evil inclinations have vanished. ||2||2||28||	ਹੇ ਨਾਨਕ! ਜਦੋਂ ਮਨੁੱਖ ਗੁਰੂ ਦੀ ਚਰਨੀਂ ਆ ਪੈਂਦਾ ਹੈ ਤਦੋਂ (ਇਸ ਦੇ ਅੰਦਰੋਂ) ਸਾਰੀ ਮੰਦੀ ਵਾਸਨਾ ਦੂਰ ਹੋ ਜਾਂਦੀ ਹੈ ॥੨॥੨॥੨੮॥
23808	534	ਦੇਵਗੰਧਾਰੀ ੫॥		Dhaevagandhhaare e 5 ||	Dayv-Gandhaaree, Fifth Mehl:	
23809	534	ਅੰਮ੍ਰਿਤਾ ਪ੍ਰਿਅ ਬਚਨ ਤੁਹਾਰੇ॥		Anmrithaa Pria Bachan Thuhaarae ||	O Beloved, Your Words are Ambrosial Nectar.	ਹੇ ਪਿਆਰੇ! ਤੇਰੀ ਸਿਫ਼ਤ-ਸਾਲਾਹ ਦੇ ਬਚਨ ਆਤਮਕ ਜੀਵਨ ਦੇਣ ਵਾਲੇ ਹਨ;

23810	534	ਅਤਿ ਸੁੰਦਰ ਮਨਮੋਹਨ ਪਿਆਰੇ ਸਭਹੂ ਮਧਿ ਨਿਰਾਰੇ॥੧॥ਰਹਾਉ॥	ਮਧਿ:ਪੋਲਾ ਬੋਲੋ	Ath Sundhar Manamohan Piaarae Sabhehoo Madhh Niraarae ||1|| Rehaao ||	O supremely beautiful Enticer, O Beloved, You are among all, and yet distinct from all. ||1||Pause||	ਹੇ ਬੇਅੰਤ ਸੁੰਦਰ! ਹੇ ਪਿਆਰੇ ਮਨ ਮੋਹਣ! ਹੇ ਸਭ ਜੀਵਾਂ ਵਿਚ ਅਤੇ ਸਭ ਤੋਂ ਵੱਖਰੇ ਰਹਿਣ ਵਾਲੇ ਪ੍ਰਭੂ! ॥੧॥ ਰਹਾਉ ॥
23811	534	ਰਾਜੁ ਨ ਚਾਹਉ ਮੁਕਤਿ ਨ ਚਾਹਉ ਮਨਿ ਪ੍ਰੀਤਿ ਚਰਨਕਮਲਾਰੇ॥		Raaj N Chaaho Mukath N Chaaho Man Preeth Charan Kamalaarae ||	I do not seek power, and I do not seek liberation. My mind is in love with Your Lotus Feet.	ਹੇ ਪਿਆਰੇ ਪ੍ਰਭੂ! ਮੈਂ ਰਾਜ ਨਹੀਂ ਮੰਗਦਾ, ਮੈਂ ਮੁਕਤੀ ਨਹੀਂ ਮੰਗਦਾ, (ਮੇਹਰ ਕਰ, ਸਿਰਫ਼ ਤੇਰੇ) ਸੋਹਣੇ ਕੋਮਲ ਚਰਨਾਂ ਦਾ ਪਿਆਰ ਮੇਰੇ ਮਨ ਵਿਚ ਟਿਕਿਆ ਰਹੇ।
23812	534	ਬ੍ਰਹਮ ਮਹੇਸ ਸਿਧ ਮੁਨਿ ਇੰਦ੍ਰਾ ਮੋਹਿ ਠਾਕੁਰ ਹੀ ਦਰਸਾਰੇ॥੧॥		Breham Mehaes Sidhh Mun Eindhraa Mohi Thaakur Hee Dharasaarae ||1||	Brahma, Shiva, the Siddhas, the silent sages and Indra - I seek only the Blessed Vision of my Lord and Master's Darshan. ||1||	(ਲੋਕ ਤਾਂ) ਬ੍ਰਹਮਾ, ਸ਼ਿਵ ਕਰਾਮਾਤੀ ਜੋਗੀ, ਰਿਸ਼ੀ, ਮੁਨੀ ਇੰਦ੍ਰ (ਆਦਿਕ ਦਾ ਦਰਸਨ ਚਾਹੁੰਦੇ ਹਨ, ਪਰ) ਮੈਨੂੰ ਮਾਲਕ-ਪ੍ਰਭੂ ਦਾ ਦਰਸਨ ਹੀ ਚਾਹੀਦਾ ਹੈ ॥੧॥
23813	534	ਦੀਨੁ ਦੁਆਰੈ ਆਇਓ ਠਾਕੁਰ ਸਰਨਿ ਪਰਿਓ ਸੰਤ ਹਾਰੇ॥		Dheen Dhuaarai Aaeiou Thaakur Saran Pariou Santh Haarae ||	I have come, helpless, to Your Door, O Lord Master; I am exhausted - I seek the Sanctuary of the Saints.	ਹੇ ਠਾਕੁਰ! ਮੈਂ ਗਰੀਬ ਤੇਰੇ ਦਰ ਤੇ ਆਇਆ ਹਾਂ, ਮੈਂ ਹਾਰ ਕੇ ਤੇਰੇ ਸੰਤਾਂ ਦੀ ਸਰਨ ਆ ਪਿਆ ਹਾਂ।

23814	534	ਕਹੁ ਨਾਨਕ ਪ੍ਰਭ ਮਿਲੇ ਮਨੋਹਰ ਮਨੁ ਸੀਤਲ ਬਿਗਸਾਰੇ॥੨॥੩॥੨੯॥		Kahu Naanak Prabh Milae Manohar Man Seethal Bigasaarae ||2||3||29||	Says Nanak, I have met my Enticing Lord God; my mind is cooled and soothed - it blossoms forth in joy. ||2||3||29||	ਹੇ ਨਾਨਕ, ਆਖ! (ਜਿਸ ਮਨੁੱਖ ਨੂੰ) ਮਨ ਮੋਹਣ ਵਾਲੇ ਪ੍ਰਭੂ ਜੀ ਮਿਲ ਪੈਂਦੇ ਹਨ ਉਸ ਦਾ ਮਨ ਸ਼ਾਂਤ ਹੋ ਜਾਂਦਾ ਹੈ, ਖਿੜ ਪੈਂਦਾ ਹੈ ॥੨॥੩॥੨੯॥
23815	534	ਦੇਵਗੰਧਾਰੀ ਮਹਲਾ ੫॥		Dhaevagandhhaare e Mehalaa 5 ||	Dayv-Gandhaaree, Fifth Mehl:	
23816	534	ਹਰਿ ਜਪਿ ਸੇਵਕੁ ਪਾਰਿ ਉਤਾਰਿਓ॥		Har Jap Saevak Paar Outhaariou ||	Meditating on the Lord, His servant swims across to salvation.	ਪਰਮਾਤਮਾ ਦਾ ਨਾਮ ਜਪ ਕੇ ਪਰਮਾਤਮਾ ਦਾ ਸੇਵਕ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲਿਆ ਜਾਂਦਾ ਹੈ।
23817	534	ਦੀਨ ਦਇਆਲ ਭਏ ਪ੍ਰਭ ਅਪਨੇ ਬਹੁੜਿ ਜਨਮਿ ਨਹੀ ਮਾਰਿਓ॥੧॥ਰਹਾਉ॥	ਦ-ਇਆਲ	Dheen Dhaeiaal Bheae Prabh Apanae Bahurr Janam Nehee Maariou ||1|| Rehaao ||	When God becomes merciful to the meek, then one does not have to suffer reincarnation, only to die again. ||1||Pause||	ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ ਉਸ ਸੇਵਕ ਦੇ ਆਪਣੇ ਬਣ ਜਾਂਦੇ ਹਨ, ਪ੍ਰਭੂ ਉਸ ਨੂੰ ਮੁੜ ਮੁੜ ਜਨਮ ਮਰਨ ਵਿਚ ਨਹੀਂ ਪਾਂਦਾ ॥੧॥ ਰਹਾਉ ॥

23818	534	ਸਾਧਸੰਗਮਿ ਗੁਣ ਗਾਵਹ ਹਰਿ ਕੇ ਰਤਨ ਜਨਮੁ ਨਹੀ ਹਾਰਿਓ॥		Saadhhasangam Gun Gaaveh Har Kae Rathan Janam Nehee Haariou ||	In the Saadh Sangat, the Company of the Holy, he sings the Glorious Praises of the Lord, and he does not lose the jewel of this human life.	ਆਓ ਅਸੀਂ ਗੁਰੂ ਦੀ ਸੰਗਤ ਵਿਚ ਬੈਠ ਕੇ ਪਰਮਾਤਮਾ ਦੇ ਗੁਣ ਗਾਵੀਏ। ਪ੍ਰਭੂ ਦਾ ਸੇਵਕ (ਗੁਣ ਗਾ ਕੇ) ਆਪਣਾ ਸ੍ਰੇਸ਼ਟ ਮਨੁੱਖਾ ਜਨਮ ਅਜਾਈਂ ਨਹੀਂ ਗਵਾਂਦਾ।
23819	534	ਪ੍ਰਭ ਗੁਨ ਗਾਇ ਬਿਖੈ ਬਨੁ ਤਰਿਆ ਕੁਲਹ ਸਮੂਹ ਉਧਾਰਿਓ॥੧॥	ਉ-ਧਾਰਿਓ	Prabh Gun Gaae Bikhai Ban Thariaa Kuleh Samooh Oudhhaariou ||1||	Singing the Glories of God, he crosses over the ocean of poison, and saves all his generations as well. ||1||	ਪ੍ਰਭੂ ਦੇ ਗੁਣ ਗਾ ਕੇ ਸੇਵਕ ਵਿਸ਼ਿਆਂ ਦੇ ਜਲ ਨਾਲ ਭਰੇ ਸੰਸਾਰ-ਸਮੁੰਦਰ ਤੋਂ ਆਪ ਪਾਰ ਲੰਘ ਜਾਂਦਾ ਹੈ, ਆਪਣੀਆਂ ਸਾਰੀਆਂ ਕੁਲਾਂ ਨੂੰ ਭੀ (ਉਸ ਵਿਚ ਡੁੱਬਣੋਂ) ਬਚਾ ਲੈਂਦਾ ਹੈ ॥੧॥
23820	534	ਚਰਨਕਮਲ ਬਸਿਆ ਰਿਦ ਭੀਤਰਿ ਸਾਸਿ ਗਿਰਾਸਿ ਉਚਾਰਿਓ॥		Charan Kamal Basiaa Ridh Bheethar Saas Giraas Ouchaariou ||	The Lotus Feet of the Lord abide within his heart, and with every breath and morsel of food, he chants the Lord's Name.	ਸੇਵਕ ਦੇ ਹਿਰਦੇ ਵਿਚ ਪਰਮਾਤਮਾ ਦੇ ਸੋਹਣੇ ਚਰਨ ਸਦਾ ਵੱਸਦੇ ਰਹਿੰਦੇ ਹਨ, ਸੇਵਕ ਹਰੇਕ ਸਾਹ ਨਾਲ ਹਰੇਕ ਗਿਰਾਹੀ ਨਾਲ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ।

23821	534	ਨਾਨਕ ਓਟ ਗਹੀ ਜਗਦੀਸੁਰ ਪੁਨਹ ਪੁਨਹ ਬਲਿਹਾਰਿਓ॥੨॥੪॥੩੦॥	(ਪੁਨਹ ਪੁਨਹ) ਬਾਰ ਬਾਰ	Naanak Outt Gehee Jagadheesur Puneh Puneh Balihaariou ||2||4||30||	Nanak has grasped the Support of the Lord of the Universe; again and again, he is a sacrifice to Him. ||2||4||30||	ਹੇ ਨਾਨਕ! ਸੇਵਕ ਨੇ ਜਗਤ ਦੇ ਮਾਲਕ ਪਰਮਾਤਮਾ ਦਾ ਆਸਰਾ ਲਿਆ ਹੁੰਦਾ ਹੈ, ਮੈਂ ਉਸ ਸੇਵਕ ਤੋਂ ਮੁੜ ਮੁੜ ਕੁਰਬਾਨ ਜਾਂਦਾ ਹਾਂ ॥੨॥੪॥੩੦॥
23822	534	ਰਾਗੁ ਦੇਵਗੰਧਾਰੀ ਮਹਲਾ ੫ ਘਰੁ ੪		Raag Dhaevagandhhaaree Mehalaa 5 Ghar 4	Raag Dayv-Gandhaaree, Fifth Mehl, Fourth House:	ਰਾਗ ਦੇਵਗੰਧਾਰੀ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
23823	534	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
23824	534	ਕਰਤ ਫਿਰੇ ਬਨ ਭੇਖ ਮੋਹਨ ਰਹਤ ਨਿਰਾਰ॥੧॥ਰਹਾਉ॥		Karath Firae Ban Bhaekh Mohan Rehath Niraar ||1|| Rehaao ||	Some wander around the forests, wearing religious robes, but the Fascinating Lord remains distant from them. ||1||Pause||	(ਜੇਹੜੇ ਮਨੁੱਖ ਤਿਆਗੀ ਸਾਧੂਆਂ ਵਾਲੇ) ਭੇਖ ਕਰ ਕੇ ਜੰਗਲ ਵਿਚ ਤੁਰੇ ਫਿਰਦੇ ਹਨ, ਸੋਹਣਾ ਪ੍ਰਭੂ ਉਹਨਾਂ ਤੋਂ ਵੱਖਰਾ ਹੀ ਰਹਿੰਦਾ ਹੈ ॥੧॥ ਰਹਾਉ ॥

23825	534	ਕਥਨ ਸੁਨਾਵਨ ਗੀਤ ਨੀਕੇ ਗਾਵਨ ਮਨ ਮਹਿ ਧਰਤੇ ਗਾਰ॥੧॥	(ਗਾਰ)ਹੰਕਾਰ	Kathhan Sunaavan Geeth Neekae Gaavan Man Mehi Dhharathae Gaar ||1||	They talk, preach, and sing their lovely songs, but within their minds, the filth of their sins remains. ||1||	ਜੇਹੜੇ ਮਨੁੱਖ ਹੋਰਨਾਂ ਨੂੰ ਉਪਦੇਸ਼ ਕਹਿਣ ਸੁਣਾਣ ਵਾਲੇ ਹਨ, ਜੇਹੜੇ ਸੋਹਣੇ ਸੋਹਣੇ ਗੀਤ ਭੀ ਗਾਣ ਵਾਲੇ ਹਨ ਉਹ (ਆਪਣੇ ਇਸ ਗੁਣ ਦਾ) ਮਨ ਵਿਚ ਅਹੰਕਾਰ ਬਣਾਈ ਰੱਖਦੇ ਹਨ (ਮੋਹਨ ਪ੍ਰਭੂ ਉਹਨਾਂ ਤੋਂ ਭੀ ਵੱਖਰਾ ਰਹਿੰਦਾ ਹੈ) ॥੧॥
23826	534	ਅਤਿ ਸੁੰਦਰ ਬਹੁ ਚਤੁਰ ਸਿਆਨੇ ਬਿਦਿਆ ਰਸਨਾ ਚਾਰ॥੨॥		Ath Sundhar Bahu Chathur Siaanae Bidhiaa Rasanaa Chaar ||2||	They may be very beautiful, extremely clever, wise and educated, and they may speak very sweetly. ||2||	ਵਿੱਦਿਆ ਦੀ ਬਰਕਤਿ ਨਾਲ ਜਿਨ੍ਹਾਂ ਦੀ ਜੀਭ ਸੋਹਣੀ (ਬੋਲਣ ਵਾਲੀ ਬਣ ਜਾਂਦੀ) ਹੈ, ਜੋ ਵੇਖਣ ਨੂੰ ਬੜੇ ਸੋਹਣੇ ਹਨ, ਚਤੁਰ ਹਨ, ਸਿਆਣੇ ਹਨ (ਮੋਹਨ ਪ੍ਰਭੂ ਉਹਨਾਂ ਤੋਂ ਭੀ ਵੱਖਰਾ ਹੀ ਰਹਿੰਦਾ ਹੈ) ॥੨॥
23827	534	ਮਾਨ ਮੋਹ ਮੇਰ ਤੇਰ ਬਿਬਰਜਿਤ ਏਹੁ ਮਾਰਗੁ ਖੰਡੇ ਧਾਰ॥੩॥	(ਬਿ-ਬਰਜਿੱਤ) ਤਿਆਗਣਾ	Maan Moh Maer Thaer Bibarajith Eaehu Maarag Khanddae Dhhaar ||3||	To forsake pride, emotional attachment, and the sense of 'mine and yours', is the path of the double-edged sword. ||3||	ਅਹੰਕਾਰ ਤੋਂ, ਮੋਹ ਤੋਂ, ਮੇਰ-ਤੇਰ ਤੋਂ, ਬਚੇ ਰਹਿਣਾ-ਇਹ ਰਸਤਾ ਖੰਡੇ ਦੀ ਧਾਰ ਵਰਗਾ ਬਰੀਕ ਹੈ (ਭਾਵ, ਇਸ ਰਸਤੇ ਉਤੇ ਤੁਰਨਾ ਸੌਖੀ ਖੇਡ ਨਹੀਂ) ॥੩॥

23828	534	ਕਹੁ ਨਾਨਕ ਤਿਨਿ ਭਵਜਲੁ ਤਰੀਅਲੇ ਪ੍ਰਭ ਕਿਰਪਾ ਸੰਤਸੰਗਾਰ॥੪॥੧॥੩੧॥		Kahu Naanak Thin Bhavajal Thareealae Prabh Kirapaa Santh Sangaar ||4||1||31||	Says Nanak, they alone swim across the terrifying world-ocean, who, by God's Grace, join the Society of the Saints. ||4||1||31||	ਹੇ ਨਾਨਕ! ਉਸ ਮਨੁੱਖ ਨੇ ਸੰਸਾਰ-ਸਮੁੰਦਰ ਤਰ ਲਿਆ ਹੈ ਜੋ ਪ੍ਰਭੂ ਦੀ ਕਿਰਪਾ ਨਾਲ ਸਾਧ ਸੰਗਤ ਵਿਚ ਨਿਵਾਸ ਰੱਖਦਾ ਹੈ ॥੪॥੧॥੩੧॥
23829	534	ਰਾਗੁ ਦੇਵਗੰਧਾਰੀ ਮਹਲਾ ੫ ਘਰੁ ੫		Raag Dhaevagandhhaaree Mehalaa 5 Ghar 5	Raag Dayv-Gandhaaree, Fifth Mehl, Fifth House:	ਰਾਗ ਦੇਵਗੰਧਾਰੀ, ਘਰ ੫ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
23830	534	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
23831	534	ਮੈ ਪੇਖਿਓ ਰੀ ਊਚਾ ਮੋਹਨੁ ਸਭ ਤੇ ਊਚਾ॥		Mai Paekhiou Ree Oochaa Mohan Sabh Thae Oochaa ||	I have seen the Lord to be on high; the Fascinating Lord is the highest of all.	ਹੇ ਭੈਣ! ਮੈਂ ਵੇਖ ਲਿਆ ਹੈ ਕਿ ਉਹ ਸੋਹਣਾ ਪ੍ਰਭੂ ਬਹੁਤ ਉੱਚਾ ਹੈ ਸਭ ਨਾਲੋਂ ਉੱਚਾ ਹੈ।
23832	534	ਆਨ ਨ ਸਮਸਰਿ ਕੋਊ ਲਾਗੈ ਢੂਢਿ ਰਹੇ ਹਮ ਮੂਚਾ॥੧॥ਰਹਾਉ॥	(ਮੂਚਾ) ਬਹੁਤਾ	Aan N Samasar Kooo Laagai Dtoodt Rehae Ham Moochaa ||1|| Rehaao ||	No one else is equal to Him - I have made the most extensive search on this. ||1||Pause||	ਮੈਂ ਬਹੁਤ ਭਾਲ ਕਰ ਕੇ ਥੱਕ ਗਿਆ ਹਾਂ। ਕੋਈ ਹੋਰ ਉਸ ਦੀ ਬਰਾਬਰੀ ਨਹੀਂ ਕਰ ਸਕਦਾ ॥੧॥ ਰਹਾਉ ॥

23833	534	ਬਹੁ ਬੇਅੰਤੁ ਅਤਿ ਬਡੋ ਗਾਹਰੋ ਥਾਹ ਨਹੀ ਅਗਹੂਚਾ॥	(ਗਾਹਰੋ) ਨਿਰਹੱਲ। (ਅਗ–ਹੂਚਾ) ਸੁਤੰਤ੍ਰ।ਅਗਹੂਚਾ:ਪੋਲਾ ਬੋਲੋ। ਅਤਿ ਪੋਲਾ	Bahu Baeanth Ath Baddo Gaaharo Thhaah Nehee Agehoochaa ||	Utterly infinite, exceedingly great, deep and unfathomable - He is lofty, beyond reach.	ਉਹ ਪਰਮਾਤਮਾ ਬਹੁਤ ਬੇਅੰਤ ਹੈ, ਉਹ ਬਹੁਤ ਹੀ ਗੰਭੀਰ ਹੈ ਉਸ ਦੀ ਡੂੰਘਾਈ ਨਹੀਂ ਲੱਭ ਸਕਦੀ, ਉਹ ਇਤਨਾ ਉੱਚਾ ਹੈ ਕਿ ਉਸ ਤਕ ਅੱਪੜਿਆ ਨਹੀਂ ਜਾ ਸਕਦਾ।
23834	534	ਤੋਲਿ ਨ ਤੁਲੀਐ ਮੋਲਿ ਨ ਮੁਲੀਐ ਕਤ ਪਾਈਐ ਮਨ ਰੂਚਾ॥੧॥	(ਰੂਚਾ) ਭਾਉਂਦਾ। ਕਤ ਪੋਲਾ	Thol N Thuleeai Mol N Muleeai Kath Paaeeai Man Roochaa ||1||	His weight cannot be weighed, His value cannot be estimated. How can the Enticer of the mind be obtained? ||1||	ਕਿਸੇ ਵੱਟੇ ਨਾਲ ਉਸ ਨੂੰ ਤੋਲਿਆ ਨਹੀਂ ਜਾ ਸਕਦਾ, ਕਿਸੇ ਕੀਮਤਿ ਨਾਲ ਉਸ ਨੂੰ ਖਰੀਦਿਆ ਨਹੀਂ ਜਾ ਸਕਦਾ, ਪਤਾ ਨਹੀਂ ਲੱਗਦਾ ਕਿੱਥੇ ਉਸ ਸੋਹਣੇ ਪ੍ਰਭੂ ਨੂੰ ਲੱਭੀਏ ॥੧॥
23835	534	ਖੋਜ ਅਸੰਖਾ ਅਨਿਕ ਤਪੰਥਾ ਬਿਨੁ ਗੁਰ ਨਹੀ ਪਹੂਚਾ॥	(ਤ–ਪੰਥਾ) ਤਪੀਏ	Khoj Asankhaa Anik Thapanthhaa Bin Gur Nehee Pehoochaa ||	Millions search for Him, on various paths, but without the Guru, none find Him.	ਅਨੇਕਾਂ ਭਾਲਾਂ ਕਰੀਏ, ਅਨੇਕਾਂ ਰਸਤੇ ਵੇਖੀਏ (ਕੁਝ ਨਹੀਂ ਬਣ ਸਕਦਾ), ਗੁਰੂ ਦੀ ਸਰਨ ਪੈਣ ਤੋਂ ਬਿਨਾ ਉਸ ਪ੍ਰਭੂ ਦੇ ਚਰਨਾਂ ਵਿਚ ਨਹੀਂ ਪਹੁੰਚ ਸਕੀਦਾ।
23836	534	ਕਹੁ ਨਾਨਕ ਕਿਰਪਾ ਕਰੀ ਠਾਕੁਰ ਮਿਲਿ ਸਾਧੂ ਰਸ ਭੂੰਚਾ॥੨॥੧॥੩੨॥		Kahu Naanak Kirapaa Karee Thaakur Mil Saadhhoo Ras Bhoonchaa ||2||1||32||	Says Nanak, the Lord Master has become Merciful. Meeting the Holy Saint, I drink in the sublime essence. ||2||1||32||	ਨਾਨਕ ਆਖਦਾ ਹੈ- ਪ੍ਰਭੂ ਨੇ ਜਿਸ ਮਨੁੱਖ ਉੱਤੇ ਕਿਰਪਾ ਕੀਤੀ, ਉਹ ਗੁਰੂ ਨੂੰ ਮਿਲ ਕੇ ਉਸ ਦੇ ਨਾਮ ਦਾ ਰਸ ਮਾਣਦਾ ਹੈ ॥੨॥੧॥੩੨॥

23837	535	ਦੇਵਗੰਧਾਰੀ ਮਹਲਾ ੫॥		Dhaevagandhhaaree Mehalaa 5 ||	Dayv-Gandhaaree, Fifth Mehl:	
23838	535	ਮੈ ਬਹੁ ਬਿਧਿ ਪੇਖਿਓ ਦੂਜਾ ਨਾਹੀ ਰੀ ਕੋਊ॥	ਬਿਧਿ:ਪੋਲਾ ਬੋਲੋ	Mai Bahu Bidhh Paekhiou Dhoojaa Naahee Ree Kooo ||	I have looked in so many ways, but there is no other like the Lord.	ਹੇ ਸਖੀ! ਮੈਂ ਇਸ ਅਨੇਕਾਂ ਰੰਗਾਂ ਵਾਲੇ ਜਗਤ ਨੂੰ (ਗਹੁ ਨਾਲ) ਵੇਖਿਆ ਹੈ, ਮੈਨੂੰ ਇਸ ਵਿਚ ਪਰਮਾਤਮਾ ਤੋਂ ਬਿਨਾ ਕੋਈ ਹੋਰ ਨਹੀਂ ਦਿੱਸਦਾ।
23839	535	ਖੰਡ ਦੀਪ ਸਭ ਭੀਤਰਿ ਰਵਿਆ ਪੂਰਿ ਰਹਿਓ ਸਭ ਲੋਊ॥੧॥ਰਹਾਉ॥	(ਲੋਊ) ਲੋਕ	Khandd Dheep Sabh Bheethar Raviaa Poor Rehiou Sabh Looo ||1|| Rehaao ||	On all the continents and islands, He is permeating and fully pervading; He is in all worlds. ||1||Pause||	ਧਰਤੀ ਦੇ ਸਾਰੇ ਖੰਡਾਂ ਵਿਚ, ਦੇਸ਼ਾਂ ਵਿਚ ਸਭਨਾਂ ਵਿਚ ਪਰਮਾਤਮਾ ਹੀ ਮੌਜੂਦ ਹੈ, ਸਭ ਭਵਨਾਂ ਵਿਚ ਪਰਮਾਤਮਾ ਵਿਆਪਕ ਹੈ ॥੧॥ ਰਹਾਉ ॥
23840	535	ਅਗਮ ਅਗੰਮਾ ਕਵਨ ਮਹਿੰਮਾ ਮਨੁ ਜੀਵੈ ਸੁਨਿ ਸੋਊ॥	(ਅ-ਗਮ) ਸੋਗ ਰਹਿਤ।ਅਗਮ:ਪੋਲਾ ਬੋਲੋ।ਅ-ਗੰਮਾ। (ਮ-ਹਿੰਮਾ) ਮਹਿਮਾ।	Agam Aganmaa Kavan Mehinmaa Man Jeevai Sun Sooo ||	He is the most unfathomable of the unfathomable; who can chant His Praises? My mind lives by hearing news of Him.	ਪਰਮਾਤਮਾ ਅਪਹੁੰਚ ਹੈ, ਸਾਡੀ ਜੀਵਾਂ ਦੀ ਅਕਲ ਉਸ ਤਕ ਨਹੀਂ ਪਹੁੰਚ ਸਕਦੀ; ਉਸ ਦੀ ਵਡਿਆਈ ਕੋਈ ਭੀ ਬਿਆਨ ਨਹੀਂ ਕਰ ਸਕਦਾ। ਉਸ ਦੀ ਸੋਭਾ ਸੁਣ ਸੁਣ ਕੇ ਮੇਰੇ ਮਨ ਨੂੰ ਆਤਮਕ ਜੀਵਨ ਮਿਲ ਰਿਹਾ ਹੈ।
23841	535	ਚਾਰਿ ਆਸਰਮ ਚਾਰਿ ਬਰੰਨਾ ਮੁਕਤਿ ਭਏ ਸੇਵਤੋਊ॥੧॥	ਬ੍ਰਹਮਚਾਰੀ ਗ੍ਰਿਸਤੀ ਬਾਨਪ੍ਰਸਤੀ ਸੰਨਿਆਸੀ, ਚਾਰ (ਆਸ-ਰਮ) ਆਸ਼੍ਰਮ।(ਸੇਵਤੋਊ) ਆਪਜੀ ਦੀ ਸੇਵਾ ਕਰਕੇ	Chaar Aasaram Chaar Barannaa Mukath Bheae Saevathooo ||1||	People in the four stages of life, and in the four social classes are liberated, by serving You, Lord. ||1||	ਚੌਹਾਂ ਆਸ਼੍ਰਮਾਂ, ਚੌਹਾਂ ਵਰਨਾਂ ਦੇ ਜੀਵ ਉਸ ਦੀ ਸੇਵਾ-ਭਗਤੀ ਕਰ ਕੇ (ਮਾਇਆ ਦੇ ਬੰਧਨਾਂ ਤੋਂ) ਆਜ਼ਾਦ ਹੋ ਜਾਂਦੇ ਹਨ ॥੧॥

23842	535	ਗੁਰਿ ਸਬਦੁ ਦ੍ਰਿੜਾਇਆ ਪਰਮਪਦੁ ਪਾਇਆ ਦੁਤੀਅ ਗਏ ਸੁਖ ਹੋਊ॥	(ਦੁਤੀਅ) ਮੇਰ ਤੇਰ	Gur Sabadh Dhrirraaeiaa Param Padh Paaeiaa Dhutheea Geae Sukh Hooo ||	The Guru has implanted the Word of His Shabad within me; I have attained the supreme status. My sense of duality has been dispelled, and now, I am at peace.	ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਨੇ ਆਪਣਾ ਸ਼ਬਦ ਪੱਕਾ ਕਰ ਕੇ ਟਿਕਾ ਦਿੱਤਾ ਉਸ ਨੇ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲਿਆ, ਉਸ ਦੇ ਅੰਦਰੋਂ ਮੇਰ-ਤੇਰ ਦੂਰ ਹੋ ਗਈ, ਉਸ ਨੂੰ ਆਤਮਕ ਅਨੰਦ ਮਿਲ ਗਿਆ,
23843	535	ਕਹੁ ਨਾਨਕ ਭਵ ਸਾਗਰੁ ਤਰਿਆ ਹਰਿ ਨਿਧਿ ਪਾਈ ਸਹਜੋਊ॥੨॥੨॥੩੩॥	(ਸਹ-ਜੋਊ) ਨਿਰਜਤਨ ਹੀ	Kahu Naanak Bhav Saagar Thariaa Har Nidhh Paaee Sehajooo ||2||2||33||	Says Nanak, I have easily crossed over the terrifying world-ocean, obtaining the treasure of the Lord's Name. ||2||2||33||	ਨਾਨਕ ਆਖਦਾ ਹੈ- ਉਸ ਨੇ ਸੰਸਾਰ-ਸਮੁੰਦਰ ਤਰ ਲਿਆ, ਉਸ ਨੂੰ ਪਰਮਾਤਮਾ ਦਾ ਨਾਮ-ਖ਼ਜ਼ਾਨਾ ਲੱਭ ਪਿਆ, ਉਸ ਨੂੰ ਆਤਮਕ ਅਡੋਲਤਾ ਹਾਸਲ ਹੋ ਗਈ ॥੨॥੨॥੩੩॥
23844	535	ਰਾਗੁ ਦੇਵਗੰਧਾਰੀ ਮਹਲਾ ੫ ਘਰੁ ੬		Raag Dhaevagandhhaaree Mehalaa 5 Ghar 6	Raag Dayv-Gandhaaree, Fifth Mehl, Sixth House:	ਰਾਗ ਦੇਵਗੰਧਾਰੀ, ਘਰ ੬ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
23845	535	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
23846	535	ਏਕੈ ਰੇ ਹਰਿ ਏਕੈ ਜਾਨ॥		Eaekai Rae Har Eaekai Jaan ||	Know that there is One and only One Lord.	ਹੇ ਭਾਈ! ਹਰ ਥਾਂ ਇਕ ਪਰਮਾਤਮਾ ਨੂੰ ਹੀ ਵੱਸਦਾ ਸਮਝ।

23847	535	ਏਕੈ ਰੇ ਗੁਰਮੁਖਿ ਜਾਨ॥੧॥ਰਹਾਉ॥		Eaekai Rae Guramukh Jaan ||1|| Rehaao ||	O Gurmukh, know that He is One. ||1||Pause||	ਗੁਰੂ ਦੀ ਸਰਨ ਪੈ ਕੇ ਇਕ ਪਰਮਾਤਮਾ ਨੂੰ ਹੀ (ਹਰ ਥਾਂ ਵੱਸਦਾ) ਸਮਝ ॥੧॥ ਰਹਾਉ ॥
23848	535	ਕਾਹੇ ਭ੍ਰਮਤ ਹਉ ਤੁਮ ਭ੍ਰਮਹੁ ਨ ਭਾਈ ਰਵਿਆ ਰੇ ਰਵਿਆ ਸ੍ਰਬ ਥਾਨ॥੧॥		Kaahae Bhramath Ho Thum Bhramahu N Bhaaee Raviaa Rae Raviaa Srab Thhaan ||1||	Why are you wandering around? O Siblings of Destiny, don't wander around; He is permeating and pervading everywhere. ||1||	ਤੁਸੀਂ ਕਿਉਂ ਭਟਕਦੇ ਹੋ? ਭਟਕਣਾ ਛੱਡ ਦਿਉ। ਪਰਮਾਤਮਾ ਸਭ ਥਾਵਾਂ ਵਿਚ ਵਿਆਪ ਰਿਹਾ ਹੈ ॥੧॥
23849	535	ਜਿਉ ਬੈਸੰਤਰੁ ਕਾਸਟ ਮਝਾਰਿ ਬਿਨੁ ਸੰਜਮ ਨਹੀ ਕਾਰਜ ਸਾਰਿ॥	(ਸੰਜਮਿ) ਜੁਗਤ	Jio Baisanthar Kaasatt Majhaar Bin Sanjam Nehee Kaaraj Saar ||	As the fire in the forest, without control, cannot serve any purpose	ਜਿਵੇਂ (ਹਰੇਕ) ਲੱਕੜ ਵਿਚ ਅੱਗ (ਵੱਸਦੀ ਹੈ, ਪਰ) ਜੁਗਤਿ ਤੋਂ ਬਿਨਾ (ਉਹ ਅੱਗ ਹਾਸਲ ਨਹੀਂ ਕੀਤੀ ਜਾ ਸਕਦੀ, ਤੇ, ਅੱਗ ਨਾਲ ਕੀਤੇ ਜਾਣ ਵਾਲੇ) ਕੰਮ ਸਿਰੇ ਨਹੀਂ ਚੜ੍ਹ ਸਕਦੇ।
23850	535	ਬਿਨੁ ਗੁਰ ਨ ਪਾਵੈਗੋ ਹਰਿ ਜੀ ਕੋ ਦੁਆਰ॥		Bin Gur N Paavaigo Har Jee Ko Dhuaar ||	Just so, without the Guru, one cannot attain the Gate of the Lord.	(ਇਸੇ ਤਰ੍ਹਾਂ, ਭਾਵੇਂ ਪਰਮਾਤਮਾ ਹਰ ਥਾਂ ਵੱਸ ਰਿਹਾ ਹੈ, ਪਰ) ਗੁਰੂ ਨੂੰ ਮਿਲਣ ਤੋਂ ਬਿਨਾ ਕੋਈ ਮਨੁੱਖ ਪਰਮਾਤਮਾ ਦਾ ਦਰ ਨਹੀਂ ਲੱਭ ਸਕੇਗਾ।

23851	535	ਮਿਲਿ ਸੰਗਤਿ ਤਜਿ ਅਭਿਮਾਨ ਕਹੁ ਨਾਨਕ ਪਾਏ ਹੈ ਪਰਮ ਨਿਧਾਨ॥੨॥੧॥੩੪॥		Mil Sangath Thaj Abhimaan Kahu Naanak Paaeae Hai Param Nidhhaan ||2||1||34||	Joining the Society of the Saints, renounce your ego; says Nanak, in this way, the supreme treasure is obtained. ||2||1||34||	ਨਾਨਕ ਆਖਦਾ ਹੈ- ਸਾਧ ਸੰਗਤ ਵਿਚ ਮਿਲ ਕੇ ਆਪਣਾ ਅਹੰਕਾਰ ਤਿਆਗ ਕੇ ਸਭ ਤੋਂ ਸ੍ਰੇਸ਼ਟ (ਨਾਮ-) ਖ਼ਜ਼ਾਨਾ ਮਿਲ ਜਾਂਦਾ ਹੈ ॥੨॥੧॥੩੪॥
23852	535	ਦੇਵਗੰਧਾਰੀ ੫॥		Dhaevagandhhaare 5 ||	Dayv-Gandhaaree, Fifth Mehl:	
23853	535	ਜਾਨੀ ਨ ਜਾਈ ਤਾ ਕੀ ਗਾਤਿ॥੧॥ਰਹਾਉ॥		Jaanee N Jaaee Thaa Kee Gaath ||1|| Rehaao ||	His state cannot be known. ||1||Pause||	ਉਸ ਪਰਮਾਤਮਾ ਦੀ ਆਤਮਕ ਅਵਸਥਾ ਸਮਝੀ ਨਹੀਂ ਜਾ ਸਕਦੀ (ਪਰਮਾਤਮਾ ਕਿਹੋ ਜਿਹਾ ਹੈ-ਇਹ ਗੱਲ ਜਾਣੀ ਨਹੀਂ ਜਾ ਸਕਦੀ) ॥੧॥ ਰਹਾਉ ॥
23854	535	ਕਹ ਪੇਖਾਰਉ ਹਉ ਕਰਿ ਚਤੁਰਾਈ ਬਿਸਮਨ ਬਿਸਮੇ ਕਹਨ ਕਹਾਤਿ॥੧॥	(ਪੇਖਾਰਉ)ਦਿਖਲਾਉ	Keh Paekhaaro Ho Kar Chathuraaee Bisaman Bisamae Kehan Kehaath ||1||	How can I behold Him through clever tricks? Those who tell this story are wonder-struck and amazed. ||1||	ਆਪਣੀ ਅਕਲ ਦਾ ਜ਼ੋਰ ਲਾ ਕੇ ਮੈਂ ਉਹ ਪਰਮਾਤਮਾ ਕਿਥੇ ਵਿਖਾਵਾਂ? ਜੇਹੜੇ ਮਨੁੱਖ ਉਸ ਨੂੰ ਬਿਆਨ ਕਰਨ ਦਾ ਜਤਨ ਕਰਦੇ ਹਨ ਉਹ ਭੀ ਹੈਰਾਨ ਹੀ ਰਹਿ ਜਾਂਦੇ ਹਨ (ਉਸ ਦਾ ਸਰੂਪ ਕਥਿਆ ਨਹੀਂ ਜਾ ਸਕਦਾ) ॥੧॥

23855	535	ਗਣ ਗੰਧਰਬ ਸਿਧ ਅਰੁ ਸਾਧਿਕ॥		Gan Gandhharab Sidhh Ar Saadhhik ||	The servants of God, the celestial singers, the Siddhas and the seekers,	ਸ਼ਿਵ ਜੀ ਦੇ ਸੇਵਕ, ਦੇਵਤਿਆਂ ਦੇ ਰਾਗੀ, ਕਰਾਮਾਤੀ ਜੋਗੀ, ਜੋਗ-ਸਾਧਨਾਂ ਕਰਨ ਵਾਲੇ,
23856	535	ਸੁਰਿ ਨਰ ਦੇਵ ਬ੍ਰਹਮ ਬ੍ਰਹਮਾਦਿਕ॥		Sur Nar Dhaev Breham Brehamaadhik ||	The angelic and divine beings, Brahma and those like Brahma,	ਦੈਵੀ ਗੁਣਾਂ ਵਾਲੇ ਮਨੁੱਖ, ਦੇਵਤੇ, ਬ੍ਰਹਮ-ਗਿਆਨੀ, ਬ੍ਰਹਮਾ ਆਦਿਕ ਵੱਡੇ ਦੇਵਤੇ,
23857	535	ਚਤੁਰ ਬੇਦ ਉਚਰਤ ਦਿਨੁ ਰਾਤਿ॥	ਉੱਚਰਤ	Chathur Baedh Oucharath Dhin Raath ||	And the four Vedas proclaim, day and night,	ਤੇ ਚਾਰੇ ਵੇਦ (ਉਸ ਪਰਮਾਤਮਾ ਦੇ ਗੁਣਾਂ ਦਾ) ਦਿਨ ਰਾਤ ਉਚਾਰਨ ਕਰਦੇ ਹਨ।
23858	535	ਅਗਮ ਅਗਮ ਠਾਕੁਰੁ ਆਗਾਧਿ॥		Agam Agam Thaakur Aagaadhh ||	That the Lord and Master is inaccessible, unapproachable and unfathomable.	(ਫਿਰ ਭੀ) ਉਸ ਪਰਮਾਤਮਾ ਤਕ (ਆਪਣੀ ਅਕਲ ਦੇ ਜ਼ੋਰ) ਪਹੁੰਚ ਨਹੀਂ ਹੋ ਸਕਦੀ, ਉਹ ਅਪਹੁੰਚ ਹੈ ਉਹ ਅਥਾਹ ਹੈ।
23859	535	ਗੁਨ ਬੇਅੰਤ ਬੇਅੰਤ ਭਨੁ ਨਾਨਕ ਕਹਨੁ ਨ ਜਾਈ ਪਰੈ ਪਰਾਤਿ॥੨॥੨॥੩੫॥		Gun Baeanth Baeanth Bhan Naanak Kehan N Jaaee Parai Paraath ||2||2||35||	Endless, endless are His Glories, says Nanak; they cannot be described - they are beyond our reach. ||2||2||35||	ਨਾਨਕ ਆਖਦਾ ਹੈ- ਪਰਾਮਤਮਾ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ, ਉਹ ਬੇਅੰਤ ਹੈ, ਉਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਉਹ ਪਰੇ ਤੋਂ ਪਰੇ ਹੈ ॥੨॥੨॥੩੫॥
23860	535	ਦੇਵਗੰਧਾਰੀ ਮਹਲਾ ੫॥		Dhaevagandhhaare e Mehalaa 5 ||	Dayv-Gandhaaree, Fifth Mehl:	

23861	535	ਧਿਆਏ ਗਾਏ ਕਰਨੈਹਾਰ॥		Dhhiaaeae Gaaeae Karanaihaar ||	I meditate, and sing of the Creator Lord.	ਜੇਹੜਾ ਮਨੁੱਖ ਸਿਰਜਣਹਾਰ ਕਰਤਾਰ ਦਾ ਧਿਆਨ ਧਰਦਾ ਹੈ ਕਰਤਾਰ ਦੇ ਗੁਣ ਗਾਂਦਾ ਹੈ,
23862	535	ਭਉ ਨਾਹੀ ਸੁਖ ਸਹਜ ਅਨੰਦਾ ਅਨਿਕ ਓਹੀ ਰੇ ਏਕ ਸਮਾਰ॥੧॥ਰਹਾਉ॥		Bho Naahee Sukh Sehaj Anandhaa Anik Ouhee Rae Eaek Samaar ||1|| Rehaao ||	I have become fearless, and I have found peace, poise and bliss, remembering the infinite Lord. ||1||Pause||	ਉਸ ਨੂੰ ਕੋਈ ਡਰ ਪੋਹ ਨਹੀਂ ਸਕਦਾ, ਉਸ ਨੂੰ ਆਤਮਕ ਅਡੋਲਤਾ ਦੇ ਸੁਖ ਆਨੰਦ ਮਿਲੇ ਰਹਿੰਦੇ ਹਨ। ਉਹੀ ਇੱਕ ਹੈ ਤੇ ਉਹੀ ਅਨੇਕਾਂ ਰੂਪਾਂ ਵਾਲਾ ਹੈ, ਤੂੰ ਉਸ ਕਰਤਾਰ ਨੂੰ ਆਪਣੇ ਹਿਰਦੇ ਵਿਚ ਸਾਂਭ ਰੱਖ ॥੧॥ ਰਹਾਉ ॥
23863	535	ਸਫਲ ਮੂਰਤਿ ਗੁਰੁ ਮੇਰੈ ਮਾਥੈ॥		Safal Moorath Gur Maerai Maathhai ||	The Guru, of the most fruitful image, has placed His hand upon my forehead.	ਜਿਸ ਗੁਰੂ ਦਾ ਦਰਸਨ ਜੀਵਨ ਦਾ ਫਲ ਦੇਣ ਵਾਲਾ ਹੈ ਉਹ ਮੇਰੇ ਮੱਥੇ ਉੱਤੇ (ਆਪਣਾ ਹੱਥ ਰੱਖਦਾ ਹੈ, ਉਸ ਦੀ ਬਰਕਤਿ ਨਾਲ),
23864	535	ਜਤ ਕਤ ਪੇਖਉ ਤਤ ਤਤ ਸਾਥੈ॥		Jath Kath Paekho Thath Thath Saathhai ||	Wherever I look, there, I find Him with me.	ਮੈਂ ਜਿਧਰ ਵੇਖਦਾ ਹਾਂ ਉਧਰ ਹੀ ਪਰਮਾਤਮਾ ਮੈਨੂੰ ਆਪਣੇ ਨਾਲ ਵੱਸਦਾ ਪ੍ਰਤੀਤ ਹੁੰਦਾ ਹੈ।
23865	535	ਚਰਨਕਮਲ ਮੇਰੇ ਪ੍ਰਾਨ ਅਧਾਰ॥੧॥		Charan Kamal Maerae Praan Adhhaar ||1||	The Lotus Feet of the Lord are the Support of my very breath of life. ||1||	ਉਸ ਪਰਮਾਤਮਾ ਦੇ ਸੋਹਣੇ ਚਰਨ ਮੇਰੀ ਜਿੰਦ ਦਾ ਆਸਰਾ ਬਣ ਗਏ ਹਨ ॥੧॥
23866	535	ਸਮਰਥ ਅਥਾਹ ਬਡਾ ਪ੍ਰਭੁ ਮੇਰਾ॥	ਸਮਰੱਥ	Samarathh Athhaah Baddaa Prabh Maeraa ||	My God is all-powerful, unfathomable and utterly vast.	ਉਹ ਮੇਰਾ ਪ੍ਰਭੂ ਹਰ ਤਾਕਤ ਦਾ ਕਾਲਕ ਹੈ, ਬਹੁਤ ਡੂੰਗਾ ਹੈ ਤੇ ਵਢਾ ਹੈ।

23867	535	ਘਟ ਘਟ ਅੰਤਰਿ ਸਾਹਿਬੁ ਨੇਰਾ॥		Ghatt Ghatt Anthar Saahib Naeraa ||	The Lord and Master is close at hand - He dwells in each and every heart.	ਉਹ ਮਾਲਕ ਹਰ ਸਰੀਰ ਵਿੱਚ ਤੇ ਨੇੜੇ ਹੈ।
23868	535	ਤਾ ਕੀ ਸਰਨਿ ਆਸਰ ਪ੍ਰਭ ਨਾਨਕ ਜਾ ਕਾ ਅੰਤੁ ਨ ਪਾਰਾਵਾਰ॥੨॥੩॥੩੬॥	ਆੱਸਰ	Thaakee Saran Aasar Prabh Naanak Jaa Kaa Anth N Paaraavaar ||2||3||36||	Nanak seeks the Sanctuary and the Support of God, who has no end or limitation. ||2||3||36||	ਨਾਨਕ ਨੇ ਉਸ ਪਰਮਾਤਮਾ ਦੀ ਸਰਨ ਤੱਕੀ ਹੈ, ਉਸ ਪ੍ਰਭੂ ਦਾ ਆਸਰਾ ਤੱਕਿਆ ਹੈ, ਜਿਸ (ਦੇ ਗੁਣਾਂ) ਦਾ ਅੰਤ ਨਹੀਂ ਪੈ ਸਕਦਾ ਤੇ ਜਿਸ (ਦੇ ਸਰੂਪ) ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ ॥੨॥੩॥੩੬॥
23869	535	ਦੇਵਗੰਧਾਰੀ ਮਹਲਾ ੫॥		Dhaevagandhhaaree Mehalaa 5 ||	Dayv-Gandhaaree, Fifth Mehl:	
23870	535	ਉਲਟੀ ਰੇ ਮਨ ਉਲਟੀ ਰੇ॥		Oulattee Rae Man Oulattee Rae ||	Turn away, O my mind, turn away.	ਹੇ ਮੇਰੇ ਮਨ! ਜੇਹੜੇ ਮਨੁੱਖ ਪਰਮਾਤਮਾ ਨਾਲੋਂ ਸਦਾ ਟੁੱਟੇ ਰਹਿੰਦੇ ਹਨ, ਉਹਨਾਂ ਨਾਲੋਂ ਆਪਣੇ ਆਪ ਨੂੰ ਸਦਾ ਪਰੇ ਰੱਖ, ਪਰੇ ਰੱਖ।
23871	535	ਸਾਕਤ ਸਿਉ ਕਰਿ ਉਲਟੀ ਰੇ॥		Saakath Sio Kar Oulattee Rae ||	Turn away from the faithless cynic.	ਸਾਕਤ (ਪ੍ਰਭੂ ਨਾਲੋਂ ਟੁਟੇ ਹੋਏ, ਅਧਰਮੀ) ਨਾਲੋਂ ਟੁੱਟ ਜਾ!

23872	535	ਝੂਠੈ ਕੀ ਰੇ ਝੂਠੁ ਪਰੀਤਿ ਛੁਟਕੀ ਰੇ ਮਨ ਛੁਟਕੀ ਰੇ ਸਾਕਤ ਸੰਗਿ ਨ ਛੁਟਕੀ ਰੇ॥੧॥ਰਹਾਉ॥	(ਛੁਟਕੀ)ਮੁਕਤ ਨਹੀਂ ਹੋਵੇਂਗਾ	Jhoothai Kee Rae Jhooth Pareeth Shhuttakee Rae Man Shhuttakee Rae Saakath Sang N Shhuttakee Rae ||1|| Rehaao ||	False is the love of the false one; break the ties, O my mind, and your ties shall be broken. Break your ties with the faithless cynic. ||1||Pause||	ਝੂਠੇ ਮਨੁੱਖ ਦੀ ਪ੍ਰੀਤ ਨੂੰ ਭੀ ਝੂਠ ਹੀ ਸਮਝ, ਇਹ ਕਦੇ ਤੋੜ ਨਹੀਂ ਨਿਭਦੀ, ਇਹ ਜ਼ਰੂਰ ਟੁੱਟ ਜਾਂਦੀ ਹੈ। ਫਿਰ, ਸਾਕਤ (ਅਧਰਮੀ) ਦੀ ਸੰਗਤ ਵਿਚ ਰਿਹਾਂ ਵਿਕਾਰਾਂ ਤੋਂ ਕਦੇ ਖ਼ਲਾਸੀ ਨਹੀਂ ਹੋ ਸਕਦੀ ॥੧॥ ਰਹਾਉ ॥
23873	535	ਜਿਉ ਕਾਜਰ ਭਰਿ ਮੰਦਰੁ ਰਾਖਿਓ ਜੋ ਪੈਸੈ ਕਾਲੂਖੀ ਰੇ॥	(ਕਾਲੂਖੀ) ਕਲੰਕ ਸਹਿਤਦਾਗੀ	Jio Kaajar Bhar Mandhar Raakhiou Jo Paisai Kaalookhee Rae ||	One who enters a house filled with soot is blackened.	ਹੇ ਮਨ! ਜਿਵੇਂ ਕੋਈ ਘਰ ਕੱਜਲ ਨਾਲ ਭਰ ਲਿਆ ਜਾਏ, ਉਸ ਵਿਚ ਜੇਹੜਾ ਭੀ ਮਨੁੱਖ ਵੜੇਗਾ ਉਹ ਕਾਲਖ ਨਾਲ ਭਰ ਜਾਏਗਾ (ਤਿਵੇਂ ਪਰਮਾਤਮਾ ਨਾਲੋਂ ਟੁੱਟੇ ਮਨੁੱਖ ਨਾਲ ਮੂੰਹ ਜੋੜਿਆਂ ਵਿਕਾਰਾਂ ਦੀ ਕਾਲਖ ਹੀ ਮਿਲੇਗੀ)।
23874	535	ਦੂਰਹੁ ਹੀ ਤੇ ਭਾਗਿ ਗਇਓ ਹੈ ਜਿਸੁ ਗੁਰ ਮਿਲਿ ਛੁਟਕੀ ਤ੍ਰਿਕੁਟੀ ਰੇ॥੧॥	ਤਿੰਨਾਂ ਗੁਣਾਂ ਦੀ ਤ੍ਰਿਕੁਟੀ। ਗ-ਇਓ	Dhoorahu Hee Thae Bhaag Gaeiou Hai Jis Gur Mil Shhuttakee Thrikuttee Rae ||1||	Run far away from such people! One who meets the Guru escapes from the bondage of the three dispositions. ||1||	ਗੁਰੂ ਨੂੰ ਮਿਲ ਕੇ ਜਿਸ ਮਨੁੱਖ ਦੀ ਮੱਥੇ ਦੀ ਤ੍ਰਿਊੜੀ ਮਿਟ ਜਾਂਦੀ ਹੈ (ਜਿਸ ਦੇ ਅੰਦਰੋਂ ਵਿਕਾਰਾਂ ਦੀ ਖਿੱਚ ਦੂਰ ਹੋ ਜਾਂਦੀ ਹੈ) ਉਹ ਦੂਰ ਤੋਂ ਹੀ ਸਾਕਤ (ਅਧਰਮੀ) ਮਨੁੱਖ ਕੋਲੋਂ ਪਰੇ ਪਰੇ ਰਹਿੰਦਾ ਹੈ ॥੧॥

23875	535	ਮਾਗਉ ਦਾਨੁ ਕ੍ਰਿਪਾਲ ਕ੍ਰਿਪਾਨਿਧਿ ਮੇਰਾ ਮੁਖੁ ਸਾਕਤ ਸੰਗਿ ਨ ਜੁਟਸੀ ਰੇ॥	ਜੁੱਟਸੀ	Maago Dhaan Kirapaal Kirapaa Nidhh Maeraa Mukh Saakath Sang N Juttasee Rae ||	I beg this blessing of You, O Merciful Lord, ocean of mercy - please, don't bring me face to face with the faithless cyincs.	ਹੇ ਕਿਰਪਾ ਦੇ ਘਰ ਪ੍ਰਭੂ! ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਮੈਂ ਤੇਰੇ ਪਾਸੋਂ ਇਕ ਦਾਨ ਮੰਗਦਾ ਹਾਂ (ਮੇਹਰ ਕਰ) ਮੈਨੂੰ ਕਿਸੇ ਸਾਕਤ ਨਾਲ ਵਾਹ ਨਾਹ ਪਏ।
23876	536	ਜਨ ਨਾਨਕ ਦਾਸ ਦਾਸ ਕੋ ਕਰੀਅਹੁ ਮੇਰਾ ਮੂੰਡੁ ਸਾਧ ਪਗਾ ਹੇਠਿ ਰੁਲਸੀ ਰੇ॥੨॥੪॥੩੭॥	(ਮੂੰਡੁ) ਸਿਰ। ਪਗਾਂ ਪੋਲਾ	Jan Naanak Dhaas Dhaas Ko Kareeahu Maeraa Moondd Saadhh Pagaa Haeth Rulasee Rae ||2||4||37||	Make servant Nanak the slave of Your slave; let his head roll in the dust under the feet of the Holy. ||2||4||37||	ਹੇ ਦਾਸ ਨਾਨਕ! ਮੈਨੂੰ ਆਪਣੇ ਦਾਸਾਂ ਦਾ ਦਾਸ ਬਣਾ ਲੈ, ਮੇਰਾ ਸਿਰ ਤੇਰੇ ਸੰਤ ਜਨਾਂ ਦੇ ਪੈਰਾਂ ਹੇਠ ਪਿਆ ਰਹੇ ॥੨॥੪॥੩੭॥
23877	536	ਰਾਗੁ ਦੇਵਗੰਧਾਰੀ ਮਹਲਾ ੫ ਘਰੁ ੭		Raag Dhaevagandhhaaree Mehalaa 5 Ghar 7	Raag Dayv-Gandhaaree, Fifth Mehl, Seventh House:	ਰਾਗ ਦੇਵਗੰਧਾਰੀ, ਘਰ ੭ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
23878	536	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

23879	536	ਸਭ ਦਿਨ ਕੇ ਸਮਰਥ ਪੰਥ ਬਿਠੁਲੇ ਹਉ ਬਲਿ ਬਲਿ ਜਾਉ॥	(ਬਿਠੁਲੇ) ਵਾਹਿਗੁਰੂ ਜੀ। ਸਮਰੱਥ	Sabh Dhin Kae Samarathh Panthh Bithulae Ho Bal Bal Jaao ||	You are all-powerful, at all times; You show me the Way; I am a sacrifice, a sacrifice to You.	ਹੇ ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲੇ ਪ੍ਰਭੂ! (ਮੇਹਰ ਕਰ) ਮੈਂ ਤੇਰੇ ਉਹਨਾਂ ਸੰਤਾਂ ਦੇ ਚਰਨਾਂ ਵਿਚ ਪਿਆ ਰਹਾਂ, ਤੇ ਉਹਨਾਂ ਸੰਤਾਂ ਤੋਂ ਸਦਕੇ ਜਾਂਦਾ ਰਹਾਂ,
23880	536	ਗਾਵਨ ਭਾਵਨ ਸੰਤਨ ਤੋਰੈ ਚਰਨ ਉਵਾ ਕੈ ਪਾਉ॥੧॥ਰਹਾਉ॥	(ਉਵਾ) ਉਹਨਾਂ	Gaavan Bhaavan Santhan Thorai Charan Ouvaa Kai Paao ||1|| Rehaao ||	Your Saints sing to You with love; I fall at their feet. ||1||Pause||	ਜੋ ਤੇਰੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ, ਜੋ ਤੈਨੂੰ ਚੰਗੇ ਲੱਗਦੇ ਹਨ, ਤੇ, ਜੋ ਸਦਾ ਹੀ ਜੀਵਨ-ਰਾਹ ਦੱਸਣ ਦੇ ਸਮਰੱਥ ਹਨ ॥੧॥ ਰਹਾਉ ॥
23881	536	ਜਾਸਨ ਬਾਸਨ ਸਹਜ ਕੇਲ ਕਰੁਣਾਮੈ ਏਕ ਅਨੰਤ ਅਨੂਪੈ ਠਾਉ॥੧॥	ਕਰੁਣਾ-ਮੈ	Jaasan Baasan Sehaj Kael Karunaa Mai Eaek Ananth Anoopai Thaao ||1||	O Praiseworthy Lord, Enjoyer of celestial peace, Embodiment of mercy, One Infinite Lord, Your place is so beautiful. ||1||	ਹੇ ਤਰਸ-ਸਰੂਪ ਪ੍ਰਭੂ! (ਮੇਹਰ ਕਰ, ਮੈਂ ਉਹਨਾਂ ਸੰਤਾਂ ਦੇ ਚਰਨਾਂ ਵਿਚ ਪਿਆ ਰਹਾਂ) ਜਿਨ੍ਹਾਂ ਨੂੰ ਹੋਰ ਕੋਈ ਵਾਸਨਾ ਨਹੀਂ, ਜੋ ਸਦਾ ਆਤਮਕ ਅਡੋਲਤਾ ਦੇ ਰੰਗ ਮਾਣਦੇ ਹਨ, ਜੋ ਸਦਾ ਤੇਰੇ ਬੇਅੰਤ ਤੇ ਸੋਹਣੇ ਸਰੂਪ ਵਿਚ ਟਿਕੇ ਰਹਿੰਦੇ ਹਨ ॥੧॥
23882	536	ਰਿਧਿ ਸਿਧਿ ਨਿਧਿ ਕਰ ਤਲ ਜਗਜੀਵਨ ਸ੍ਰਬ ਨਾਥ ਅਨੇਕੈ ਨਾਉ॥	(ਕਰ) ਹੱਥ ਦੀਆਂ (ਤਲ) ਤਲੀਆਂ ਤੇ। ਜੱਗਜੀਵਨ	Ridhh Sidhh Nidhh Kar Thal Jagajeevan Srab Naathh Anaekai Naao ||	Riches, supernatural spiritual powers and wealth are in the palm of Your hand. O Lord, Life of the World, Master of all, infinite is Your Name.	ਰਿਧੀਆਂ ਸਿਧੀਆਂ ਤੇ ਨਿਧੀਆਂ ਤੇਰੇ ਹੱਥਾਂ ਦੀਆਂ ਤਲੀਆਂ ਉਤੇ (ਸਦਾ ਟਿਕੀਆਂ ਰਹਿੰਦੀਆਂ ਹਨ), ਹੇ ਜਗਤ ਦੇ ਜੀਵਨ ਪ੍ਰਭੂ! ਹੇ ਸਭਨਾਂ ਦੇ ਖਸਮ ਪ੍ਰਭੂ! ਹੇ ਅਨੇਕਾਂ ਨਾਮਾਂ ਵਾਲੇ ਪ੍ਰਭੂ!

23883	536	ਦਇਆ ਮਇਆ ਕਿਰਪਾ ਨਾਨਕ ਕਉ ਸੁਨਿ ਸੁਨਿ ਜਸੁ ਜੀਵਾਉ॥੨॥੧॥੩੮॥੬॥੪੪॥	ਦਇਆ	Dhaeiaa Maeiaa Kirapaa Naanak Ko Sun Sun Jas Jeevaao ||2||1||38||6||44||	Show Kindness, Mercy and Compassion to Nanak; hearing Your Praises, I live. ||2||1||38||6||44||	ਹੇ ਪ੍ਰਭੂ! (ਆਪਣੇ) ਦਾਸ ਨਾਨਕ ਉੱਤੇ ਦਇਆ ਕਰ, ਮੇਹਰ ਕਰ, ਕਿਰਪਾ ਕਰ ਕਿ (ਤੇਰੇ ਸੰਤ ਜਨਾਂ ਤੋਂ ਤੇਰੀ) ਸਿਫ਼ਤ-ਸਾਲਾਹ ਸੁਣ ਸੁਣ ਕੇ ਮੈਂ ਆਤਮਕ ਜੀਵਨ ਹਾਸਲ ਕਰਦਾ ਰਹਾਂ ॥੨॥੧॥੩੮॥੬॥੪੪॥
23884	536	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
23885	536	ਰਾਗੁ ਦੇਵਗੰਧਾਰੀ ਮਹਲਾ ੯॥		Raag Dhaevagandhhaaree Mehalaa 9 ||	Raag Dayv-Gandhaaree, Ninth Mehl:	ਰਾਗ ਦੇਵਗੰਧਾਰੀ ਵਿੱਚ ਗੁਰੂ ਤੇਗਬਹਾਦਰ ਜੀ ਦੀ ਬਾਣੀ।
23886	536	ਯਹ ਮਨੁ ਨੈਕ ਨ ਕਹਿਓ ਕਰੈ॥	(ਨੈਕ) ਥੋੜਾ। ਯਹ ਯ ਤਾਲੂ ਤੋਂ ਬੋਲੋ	Yeh Man Naik N Kehiou Karai ||	This mind does not follow my advice one tiny bit.	ਇਹ ਮਨ ਰਤਾ ਭਰ ਭੀ ਮੇਰਾ ਕਿਹਾ ਨਹੀਂ ਮੰਨਦਾ।
23887	536	ਸੀਖ ਸਿਖਾਇ ਰਹਿਓ ਅਪਨੀ ਸੀ ਦੁਰਮਤਿ ਤੇ ਨ ਟਰੈ॥੧॥ਰਹਾਉ॥		Seekh Sikhaae Rehiou Apanee See Dhuramath Thae N Ttarai ||1|| Rehaao ||	I am so tired of giving it instructions - it will not refrain from its evil-mindedness. ||1||Pause||	ਮੈਂ ਆਪਣੇ ਵਲੋਂ ਇਸ ਨੂੰ ਸਿੱਖਿਆ ਦੇ ਦੇ ਕੇ ਥੱਕ ਗਿਆ ਹਾਂ, ਫਿਰ ਭੀ ਇਹ ਖੋਟੀ ਮਤਿ ਵਲੋਂ ਹਟਦਾ ਨਹੀਂ ॥੧॥ ਰਹਾਉ ॥

23888	536	ਮਦਿ ਮਾਇਆ ਕੈ ਭਇਓ ਬਾਵਰੋ ਹਰਿ ਜਸੁ ਨਹਿ ਉਚਰੈ॥		Madh Maaeiaa Kai Bhaeiou Baavaro Har Jas Nehi Oucharai ||	It has gone insane with the intoxication of Maya; it does not chant the Lord's Praise.	ਮਾਇਆ ਦੇ ਨਸ਼ੇ ਵਿਚ ਇਹ ਮਨ ਝੱਲਾ ਹੋਇਆ ਪਿਆ ਹੈ, ਕਦੇ ਇਹ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਨਹੀਂ ਉਚਾਰਦਾ,
23889	536	ਕਰਿ ਪਰਪੰਚੁ ਜਗਤ ਕਉ ਡਹਕੈ ਅਪਨੋ ਉਦਰੁ ਭਰੈ॥੧॥	(ਪਰਪੰਚੁ) ਛਲ। (ਡਹਕੈ) ਭਰਮਾਏ	Kar Parapanch Jagath Ko Ddehakai Apano Oudhar Bharai ||1||	Practicing deception, it tries to cheat the world, and so it fills its belly. ||1||	ਵਿਖਾਵਾ ਕਰ ਕੇ ਦੁਨੀਆ ਨੂੰ ਠੱਗਦਾ ਰਹਿੰਦਾ ਹੈ, ਤੇ, (ਠੱਗੀ ਨਾਲ ਇਕੱਠੇ ਕੀਤੇ ਧਨ ਦੀ ਰਾਹੀਂ) ਆਪਣਾ ਪੇਟ ਭਰਦਾ ਰਹਿੰਦਾ ਹੈ ॥੧॥
23890	536	ਸੁਆਨ ਪੂਛ ਜਿਉ ਹੋਇ ਨ ਸੂਧੋ ਕਹਿਓ ਨ ਕਾਨ ਧਰੈ॥		Suaan Pooshh Jio Hoe N Soodhho Kehiou N Kaan Dhharai ||	Like a dog's tail, it cannot be straightened; it will not listen to what I tell it.	ਕੁੱਤੇ ਦੀ ਪੂਛਲ ਵਾਂਗ ਇਹ ਮਨ ਕਦੇ ਭੀ ਸਿੱਧਾ ਨਹੀਂ ਹੁੰਦਾ, (ਕਿਸੇ ਦੀ ਭੀ) ਦਿੱਤੀ ਹੋਈ ਸਿੱਖਿਆ ਨੂੰ ਧਿਆਨ ਨਾਲ ਨਹੀਂ ਸੁਣਦਾ।
23891	536	ਕਹੁ ਨਾਨਕ ਭਜੁ ਰਾਮ ਨਾਮ ਨਿਤ ਜਾ ਤੇ ਕਾਜੁ ਸਰੈ॥੨॥੧॥	ਭਜੁ:ਪੋਲਾ ਬੋਲੋ	Kahu Naanak Bhaj Raam Naam Nith Jaa Thae Kaaj Sarai ||2||1||	Says Nanak, vibrate forever the Name of the Lord, and all your affairs shall be adjusted. ||2||1||	ਹੇ ਨਾਨਕ, ਆਖ! ਰੋਜ ਪਰਮਾਤਮਾ ਦੇ ਨਾਮ ਦਾ ਭਜਨ ਕਰਿਆ ਕਰ ਜਿਸ ਦੀ ਬਰਕਤਿ ਨਾਲ ਤੇਰਾ ਜਨਮ-ਮਨੋਰਥ ਹੱਲ ਹੋ ਜਾਏ ॥੨॥੧॥
23892	536	ਦੇਵਗੰਧਾਰੀ ਮਹਲਾ ੯॥		Dhaevagandhhaare e Mehalaa 9 ||	Raag Dayv-Gandhaaree, Ninth Mehl:	

23893	536	ਸਭ ਕਿਛੁ ਜੀਵਤ ਕੋ ਬਿਵਹਾਰ॥		Sabh Kishh Jeevath Ko Bivehaar ||	All things are mere diversions of life:	ਇਹ ਸਭ ਕੁਝ ਜਿਊਂਦਿਆਂ ਦਾ ਹੀ ਮੇਲ-ਜੋਲ ਹੈ,
23894	536	ਮਾਤ ਪਿਤਾ ਭਾਈ ਸੁਤ ਬੰਧਪ ਅਰੁ ਫੁਨਿ ਗ੍ਰਿਹ ਕੀ ਨਾਰਿ॥੧॥ਰਹਾਉ॥		Maath Pithaa Bhaaee Suth Bandhhap Ar Fun Grih Kee Naar ||1|| Rehaao ||	Mother, father, siblings, children, relatives and the wife of your home. ||1||Pause||	ਮਾਂ, ਪਿਉ, ਭਰਾ, ਪੁੱਤਰ, ਰਿਸ਼ਤੇਦਾਰ ਅਤੇ ਘਰ ਦੀ ਵਹੁਟੀ ਭੀ ॥੧॥ ਰਹਾਉ ॥
23895	536	ਤਨ ਤੇ ਪ੍ਰਾਨ ਹੋਤ ਜਬ ਨਿਆਰੇ ਟੇਰਤ ਪ੍ਰੇਤਿ ਪੁਕਾਰਿ॥		Than Thae Praan Hoth Jab Niaarae Ttaerath Praeth Pukaar ||	When the soul is separated from the body, then they will cry out, calling you a ghost.	(ਮੌਤ ਆਉਣ ਤੇ) ਜਦੋਂ ਜਿੰਦ ਸਰੀਰ ਨਾਲੋਂ ਵੱਖਰੀ ਹੋ ਜਾਂਦੀ ਹੈ, ਤਾਂ (ਇਹ ਸਾਰੇ ਸਨਬੰਧੀ) ਉੱਚੀ ਉੱਚੀ ਆਖਦੇ ਹਨ ਕਿ ਇਹ ਗੁਜ਼ਰ ਚੁੱਕਾ ਹੈ ਗੁਜ਼ਰ ਚੁੱਕਾ ਹੈ।
23896	536	ਆਧ ਘਰੀ ਕੋਊ ਨਹਿ ਰਾਖੈ ਘਰਿ ਤੇ ਦੇਤ ਨਿਕਾਰਿ॥੧॥		Aadhh Gharee Kooo Nehi Raakhai Ghar Thae Dhaeth Nikaar ||1||	No one will let you stay, for even half an hour; they drive you out of the house. ||1||	ਕੋਈ ਭੀ ਸਨਬੰਧੀ ਅੱਧੀ ਘੜੀ ਲਈ ਭੀ (ਉਸ ਨੂੰ) ਘਰ ਵਿਚ ਨਹੀਂ ਰੱਖਦਾ, ਘਰ ਤੋਂ ਕੱਢ ਦੇਂਦੇ ਹਨ ॥੧॥

23897	536	ਮ੍ਰਿਗ ਤ੍ਰਿਸਨਾ ਜਿਉ ਜਗ ਰਚਨਾ ਯਹ ਦੇਖਹੁ ਰਿਦੈ ਬਿਚਾਰਿ॥		Mrig Thrisanaa Jio Jag Rachanaa Yeh Dhaekhahu Ridhai Bichaar ||	The created world is like an illusion, a mirage - see this, and reflect upon it in your mind.	ਆਪਣੇ ਹਿਰਦੇ ਵਿਚ ਵਿਚਾਰ ਕੇ ਵੇਖ ਲਵੋ, ਇਹ ਜਗਤ-ਖੇਡ ਠਗ-ਨੀਰੇ ਵਾਂਗ ਹੈ (ਜਿਵੇਂ ਤ੍ਰਿਹਾਇਆ ਹਿਰਨ ਮਾਰੂਥਲ ਵਿੱਚ ਪਾਣੀ ਪਿੱਛੇ ਦੌੜਨ ਵੇਲੇ ਧੋਖਾ ਕਾਂਦਾ ਹੈ, ਮਨੁੱਖ ਵੀ ਮਾਇਆ ਪਿੱਛੇ ਦੌੜ ਦੌੜ ਕੇ ਆਤਮਕ ਮੌਤੇ ਮਰ ਜਾਂਦਾ ਹੈ)।
23898	536	ਕਹੁ ਨਾਨਕ ਭਜੁ ਰਾਮ ਨਾਮ ਨਿਤ ਜਾ ਤੇ ਹੋਤ ਉਧਾਰ॥੨॥੨॥		Kahu Naanak Bhaj Raam Naam Nith Jaa Thae Hoth Oudhhaar ||2||2||	Says Nanak, vibrate forever the Name of the Lord, which shall deliver you. ||2||2||	ਨਾਨਕ ਆਖਦਾ ਹੈ- ਸਦਾ ਪਰਮਾਤਮਾ ਦੇ ਨਾਮ ਦਾ ਭਜਨ ਕਰਿਆ ਕਰ ਜਿਸ ਦੀ ਬਰਕਤਿ ਨਾਲ (ਸੰਸਾਰ ਦੇ ਮੋਹ ਤੋਂ) ਪਾਰ-ਉਤਾਰਾ ਹੁੰਦਾ ਹੈ ॥੨॥੨॥
23899	536	ਦੇਵਗੰਧਾਰੀ ਮਹਲਾ ੯॥		Dhaevagandhhaare e Mehalaa 9 ||	Raag Dayv-Gandhaaree, Ninth Mehl:	
23900	536	ਜਗਤ ਮੈ ਝੂਠੀ ਦੇਖੀ ਪ੍ਰੀਤਿ॥		Jagath Mai Jhoothee Dhaekhee Preeth ||	In this world, I have seen love to be false.	ਦੁਨੀਆ ਵਿਚ (ਸਨਬੰਧੀਆਂ ਦਾ) ਪਿਆਰ ਮੈਂ ਝੂਠਾ ਹੀ ਵੇਖਿਆ ਹੈ।
23901	536	ਅਪਨੇ ਹੀ ਸੁਖ ਸਿਉ ਸਭ ਲਾਗੇ ਕਿਆ ਦਾਰਾ ਕਿਆ ਮੀਤ॥੧॥ਰਹਾਉ॥	(ਦਾਰਾ) ਇਸਤ੍ਰੀ	Apanae Hee Sukh Sio Sabh Laagae Kiaa Dhaaraa Kiaa Meeth ||1|| Rehaao ||	Whether they are spouses or friends, all are concerned only with their own happiness. ||1||Pause||	ਚਾਹੇ ਇਸਤ੍ਰੀ ਹੈ ਚਾਹੇ ਮਿੱਤਰ ਹਨ-ਸਾਰੇ ਆਪੋ ਆਪਣੇ ਸੁਖ ਦੀ ਖ਼ਾਤਰ ਹੀ (ਮਨੁੱਖ ਦੇ) ਨਾਲ ਤੁਰੇ ਫਿਰਦੇ ਹਨ ॥੧॥ ਰਹਾਉ ॥

23902	536	ਮੇਰਉ ਮੇਰਉ ਸਭੈ ਕਹਤ ਹੈ ਹਿਤ ਸਿਉ ਬਾਧਿਓ ਚੀਤ॥	(ਹਿਤ) ਮੋਹ	Maero Maero Sabhai Kehath Hai Hith Sio Baadhhiou Cheeth ||	All say, ""Mine, mine"", and attach their consciousness to you with love.	ਹਰ ਕੋਈ ਇਹੀ ਆਖਦਾ ਹੈ 'ਇਹ ਮੇਰਾ ਹੈ, ਇਹ ਮੇਰਾ ਹੈ', ਕਿਉਂ ਕਿ ਚਿੱਤ ਮੋਹ ਨਾਲ ਬੱਝਾ ਹੁੰਦਾ ਹੈ।
23903	536	ਅੰਤਿ ਕਾਲਿ ਸੰਗੀ ਨਹ ਕੋਊ ਇਹ ਅਚਰਜ ਹੈ ਰੀਤਿ॥੧॥	ਅ-ਚਰਜ	Anth Kaal Sangee Neh Kooo Eih Acharaj Hai Reeth ||1||	But at the very last moment, none shall go along with you. How strange are the ways of the world! ||1||	ਪਰ ਅਖ਼ੀਰਲੇ ਵੇਲੇ ਕੋਈ ਭੀ ਸਾਥੀ ਨਹੀਂ ਬਣਦਾ। (ਜਗਤ ਦੀ) ਇਹ ਅਚਰਜ ਮਰਯਾਦਾ ਚਲੀ ਆ ਰਹੀ ਹੈ ॥੧॥
23904	536	ਮਨ ਮੂਰਖ ਅਜਹੂ ਨਹ ਸਮਝਤ ਸਿਖ ਦੈ ਹਾਰਿਓ ਨੀਤ॥		Man Moorakh Ajehoo Neh Samajhath Sikh Dhai Haariou Neeth ||	The foolish mind has not yet reformed itself, although I have grown weary of continually instructing it.	ਹੇ ਮੂਰਖ ਮਨ! ਤੈਨੂੰ ਮੈਂ ਸਦਾ ਸਿੱਖਿਆ ਦੇ ਦੇ ਕੇ ਥੱਕ ਗਿਆ ਹਾਂ, ਤੂੰ ਅਜੇ ਭੀ ਅਕਲ ਨਹੀਂ ਕਰਦਾ।
23905	536	ਨਾਨਕ ਭਉਜਲੁ ਪਾਰਿ ਪਰੈ ਜਉ ਗਾਵੈ ਪ੍ਰਭ ਕੇ ਗੀਤ॥੨॥੩॥੬॥੩੮॥੪੭॥		Naanak Bhoujal Paar Parai Jo Gaavai Prabh Kae Geeth ||2||3||6||38||47||	O Nanak, one crosses over the terrifying world-ocean, singing the Songs of God. ||2||3||6||38||47||	ਹੇ ਨਾਨਕ, ਆਖ! ਜਦੋਂ ਮਨੁੱਖ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਹੈ, ਤਦੋਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੨॥੩॥੬॥੩੮॥੪੭॥

23906	537	੧ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
23907	537	ਰਾਗੁ ਬਿਹਾਗੜਾ ਚਉਪਦੇ ਮਹਲਾ ੫ ਘਰੁ ੨ ਦੇ॥	ਘਰੁ ਦੂਜੇ ਦੇ	Raag Bihaagarraa Choupadhae Mehalaa 5 Ghar 2 ||	Raag Bihaagraa, Chau-Padas, Fifth Mehl, Second House:	ਰਾਗ ਬਿਹਾਗੜਾ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
23908	537	ਦੂਤਨ ਸੰਗਰੀਆ॥	(ਦੂਤਨ) ਔਗੁਣਾਂ ਦੀ (ਸੰਗਰੀ-ਆ) ਸੰਗਤ	Dhoothan Sangareeaa ||	To associate with your arch enemies,	ਕਾਮਾਦਿਕ ਵੈਰੀਆਂ ਦੀ ਸੰਗਤ,
23909	537	ਭੁਇਅੰਗਨਿ ਬਸਰੀਆ॥	ਮਾਇਆ ਰੂਪ (ਭੁਇ-ਅੰਗਨਿ)ਸਪਨੀ। (ਬਸਰੀ-ਆ) ਵਾਸਾ	Bhueiangan Basareeaa ||	Is to live with poisonous snakes;	ਸੱਪਾਂ ਨਾਲ ਵਾਸ (ਦੇ ਬਰਾਬਰ) ਹੈ,
23910	537	ਅਨਿਕ ਉਪਰੀਆ॥੧॥	(ਉ-ਪਰੀਆ) ਪੁੱਟ ਦਿੱਤੇ	Anik Oupareeaa ||1||	I have made the effort to shake them off. ||1||	(ਇਹਨਾਂ ਦੂਤਾਂ ਨੇ) ਅਨੇਕਾਂ (ਦੇ ਜੀਵਨ) ਨੂੰ ਤਬਾਹ ਕੀਤਾ ਹੈ ॥੧॥
23911	537	ਤਉ ਮੈ ਹਰਿ ਹਰਿ ਕਰੀਆ॥		Tho Mai Har Har Kareeaa ||	Then, I repeated the Name of the Lord, Har, Har,	ਤਾਹੀਏਂ ਮੈਂ ਸਦਾ ਪਰਮਾਤਮਾ ਦਾ ਨਾਮ ਜਪਦਾ ਹਾਂ,

23912	537	ਤਉ ਸੁਖ ਸਹਜਰੀਆ॥੧॥ਰਹਾਉ॥	(ਸਹਜਰੀ-ਆ) ਸਹਜ	Tho Sukh Sehajareeaa ||1|| Rehaao ||	And I obtained celestial peace. ||1||Pause||	ਤਦੋਂ (ਤੋਂ) ਮੈਨੂੰ ਆਤਮਕ ਅਡੋਲਤਾ ਦੇ ਸੁਖ ਆਨੰਦ ਪ੍ਰਾਪਤ ਹਨ ॥੧॥ ਰਹਾਉ ॥
23913	537	ਮਿਥਨ ਮੋਹਰੀਆ॥	(ਮਿਥਨ) ਝੂਠਾ। (ਮੋਹਰੀ-ਆ) ਮੋਹ	Mithhan Mohareeaa ||	False is the love	ਜੀਵ ਨੂੰ ਝੂਠਾ ਮੋਹ ਚੰਬੜਿਆ ਹੋਇਆ ਹੈ,
23914	537	ਅਨ ਕਉ ਮੇਰੀਆ॥	(ਅਨ)ਹੋਰਨਾਂ ਦੀਆਂ ਚੀਜਾਂ ਅਪਣੀਆਂ ਸਮਝਣੀਆਂ	An Ko Maereeaa ||	Of the many emotional attachments,	(ਪਰਮਾਤਮਾ ਤੋਂ ਬਿਨਾ) ਹੋਰ ਹੋਰ ਪਦਾਰਥਾਂ ਨੂੰ 'ਮੇਰੇ, ਮੇਰੇ' ਰਟਦਾ ਰਹਿੰਦਾ ਹੈ,
23915	537	ਵਿਚਿ ਘੂਮਨ ਘਿਰੀਆ॥੨॥		Vich Ghooman Ghireeaa ||2||	Which suck the mortal into the whirlpool of reincarnation. ||2||	(ਸਾਰੀ ਉਮਰ) ਮੋਹ ਦੀ ਘੁੰਮਣਘੇਰੀ ਵਿਚ ਫਸਿਆ ਰਹਿੰਦਾ ਹੈ ॥੨॥
23916	537	ਸਗਲ ਬਟਰੀਆ॥	(ਬ-ਟਰੀਆ) ਰਾਹੀ	Sagal Battareeaa ||	All are travellers,	ਸਾਰੇ ਜੀਵ (ਇਥੇ) ਰਾਹੀ ਹੀ ਹਨ,
23917	537	ਬਿਰਖ ਇਕਤਰੀਆ॥	ਇ-ਕੱਤਰੀ-ਆ	Birakh Eik Thareeaa ||	Who have gathered under the world-tree,	(ਸੰਸਾਰ-) ਰੁੱਖ ਦੇ ਹੇਠ ਇਕੱਠੇ ਹੋਏ ਹੋਏ ਹਨ,
23918	537	ਬਹੁ ਬੰਧਹਿ ਪਰੀਆ॥੩॥		Bahu Bandhhehi Pareeaa ||3||	And are bound by their many bonds. ||3||	ਪਰ (ਮਾਇਆ ਦੇ) ਬਹੁਤ ਬੰਧਨਾਂ ਵਿਚ ਫਸੇ ਹੋਏ ਹਨ ॥੩॥
23919	537	ਥਿਰੁ ਸਾਧ ਸਫਰੀਆ॥	(ਸਫਰੀ-ਆ) ਸੰਗਤ	Thhir Saadhh Safareeaa ||	Eternal is the Company of the Holy,	ਸਿਰਫ਼ ਗੁਰੂ ਦੀ ਸੰਗਤ ਹੀ ਸਦਾ-ਥਿਰ ਰਹਿਣ ਵਾਲਾ ਟਿਕਾਣਾ ਹੈ,
23920	537	ਜਹ ਕੀਰਤਨੁ ਹਰੀਆ॥		Jeh Keerathan Hareeaa ||	Where the Kirtan of the Lord's Praises are sung.	ਕਿਉਂਕਿ ਉਥੇ ਪਰਮਾਤਮਾ ਦੀ ਸਿਫ਼ਤ-ਸਾਲਾਹ ਹੁੰਦੀ ਰਹਿੰਦੀ ਹੈ।

23921	537	ਨਾਨਕ ਸਰਨਰੀਆ॥੪॥੧॥	ਸਰਨਰੀ-ਆ	Naanak Saranareeaa ||4||1||	Nanak seeks this Sanctuary. ||4||1||	ਹੇ ਨਾਨਕ! (ਮੈਂ ਸਾਧ ਸੰਗਤ ਦੀ) ਸਰਨ ਆਇਆ ਹਾਂ ॥੪॥੧॥
23922	537	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
23923	537	ਰਾਗੁ ਬਿਹਾਗੜਾ ਮਹਲਾ ੯॥		Raag Bihaagarraa Mehalaa 9 ||	Raag Bihaagraa, Ninth Mehl:	ਰਾਗ ਬੇਹਾਗੜਾ ਵਿੱਚ ਗੁਰੂ ਤੇਗਬਹਾਦਰ ਜੀ ਦੀ ਬਾਣੀ।
23924	537	ਹਰਿ ਕੀ ਗਤਿ ਨਹਿ ਕੋਊ ਜਾਨੈ॥		Har Kee Gath Nehi Kooo Jaanai ||	No one knows the state of the Lord.	ਕੋਈ ਭੀ ਮਨੁੱਖ ਇਹ ਨਹੀਂ ਜਾਣ ਸਕਦਾ ਕਿ ਪਰਮਾਤਮਾ ਕਿਹੋ ਜਿਹਾ ਹੈ,
23925	537	ਜੋਗੀ ਜਤੀ ਤਪੀ ਪਚਿ ਹਾਰੇ ਅਰੁ ਬਹੁ ਲੋਗ ਸਿਆਨੇ॥੧॥ਰਹਾਉ ॥		Jogee Jathee Thapee Pach Haarae Ar Bahu Log Siaanae ||1|| Rehaao ||	The Yogis, the celibates, the penitents, and all sorts of clever people have failed. ||1||Pause||	ਅਨੇਕਾਂ ਜੋਗੀ, ਅਨੇਕਾਂ ਤਪੀ, ਅਤੇ ਹੋਰ ਬਥੇਰੇ ਸਿਆਣੇ ਮਨੁੱਖ ਖਪ ਖਪ ਕੇ ਹਾਰ ਗਏ ਹਨ ॥੧॥ ਰਹਾਉ ॥
23926	537	ਛਿਨ ਮਹਿ ਰਾਉ ਰੰਕ ਕਉ ਕਰਈ ਰਾਉ ਰੰਕ ਕਰਿ ਡਾਰੇ॥		Shhin Mehi Raao Rank Ko Karee Raao Rank Kar Ddaarae ||	In an instant, He changes the beggar into a king, and the king into a beggar.	ਉਹ ਪਰਮਾਤਮਾ ਇਕ ਛਿਨ ਵਿਚ ਕੰਗਾਲ ਨੂੰ ਰਾਜਾ ਬਣਾ ਦੇਂਦਾ ਹੈ, ਤੇ, ਰਾਜੇ ਨੂੰ ਕੰਗਾਲ ਕਰ ਦੇਂਦਾ ਹੈ,

23927	537	ਰੀਤੇ ਭਰੇ ਭਰੇ ਸਖਨਾਵੈ ਯਹ ਤਾ ਕੋ ਬਿਵਹਾਰੇ॥੧॥	(ਰੀਤੇ) ਖਾਲੀ। (ਸਖਨਾਵੈ) ਖਾਲੀ। ਯਹ ਯ ਤਾਲੂ ਤੋਂ ਬੋਲੋ	Reethae Bharae Bharae Sakhanaavai Yeh Thaa Ko Bivehaarae ||1||	He fills what is empty, and empties what is full - such are His ways. ||1||	ਖ਼ਾਲੀ ਭਾਂਡਿਆਂ ਨੂੰ ਭਰ ਦੇਂਦਾ ਹੈ ਤੇ ਭਰਿਆਂ ਨੂੰ ਖ਼ਾਲੀ ਕਰ ਦੇਂਦਾ ਹੈ (ਭਾਵ, ਗ਼ਰੀਬਾਂ ਨੂੰ ਅਮੀਰ ਤੇ ਅਮੀਰਾਂ ਨੂੰ ਗ਼ਰੀਬ ਬਣਾ ਦੇਂਦਾ ਹੈ) ਇਹ ਉਸ ਦਾ ਨਿੱਤ ਦਾ ਕੰਮ ਹੈ ॥੧॥
23928	537	ਅਪਨੀ ਮਾਇਆ ਆਪਿ ਪਸਾਰੀ ਆਪਹਿ ਦੇਖਨਹਾਰਾ॥		Apanee Maaeiaa Aap Pasaaree Aapehi Dhaekhanehaaraa ||	He Himself spread out the expanse of His Maya, and He Himself beholds it.	(ਇਸ ਦਿੱਸਦੇ ਜਗਤ-ਰੂਪ ਤਮਾਸ਼ੇ ਵਿਚ) ਪਰਮਾਤਮਾ ਨੇ ਆਪਣੀ ਮਾਇਆ ਆਪ ਖਿਲਾਰੀ ਹੋਈ ਹੈ, ਉਹ ਆਪ ਹੀ ਇਸ ਦੀ ਸੰਭਾਲ ਕਰ ਰਿਹਾ ਹੈ।
23929	537	ਨਾਨਾ ਰੂਪੁ ਧਰੇ ਬਹੁ ਰੰਗੀ ਸਭ ਤੇ ਰਹੈ ਨਿਆਰਾ॥੨॥		Naanaa Roop Dhharae Bahu Rangee Sabh Thae Rehai Niaaraa ||2||	He assumes so many forms, and plays so many games, and yet, He remains detached from it all. ||2||	ਉਹ ਅਨੇਕਾਂ ਰੰਗਾਂ ਦਾ ਮਾਲਕ ਪ੍ਰਭੂ ਕਈ ਤਰ੍ਹਾਂ ਦੇ ਰੂਪ ਧਾਰ ਲੈਂਦਾ ਹੈ, ਤੇ ਸਾਰਿਆਂ ਰੂਪਾਂ ਤੋਂ ਵੱਖਰਾ ਭੀ ਰਹਿੰਦਾ ਹੈ ॥੨॥
23930	537	ਅਗਨਤ ਅਪਾਰੁ ਅਲਖ ਨਿਰੰਜਨ ਜਿਹ ਸਭ ਜਗੁ ਭਰਮਾਇਓ॥	ਅਗਨਤ	Aganath Apaar Alakh Niranjan Jih Sabh Jag Bharamaaeiou ||	Incalculable, infinite, incomprehensible and immaculate is He, who has misled the entire world.	ਉਸ ਪਰਮਾਤਮਾ ਦੇ ਗੁਣ ਗਿਣੇ ਨਹੀਂ ਜਾ ਸਕਦੇ, ਉਹ ਬੇਅੰਤ ਹੈ, ਉਹ ਅਦ੍ਰਿਸ਼ਟ ਹੈ, ਉਹ ਨਿਰਲੇਪ ਹੈ, ਉਸ ਪਰਮਾਤਮਾ ਨੇ ਹੀ ਸਾਰੇ ਜਗਤ ਨੂੰ (ਮਾਇਆ ਦੀ) ਭਟਕਣਾ ਵਿਚ ਪਾਇਆ ਹੋਇਆ ਹੈ।

23931	537	ਸਗਲ ਭਰਮ ਤਜਿ ਨਾਨਕ ਪ੍ਰਾਣੀ ਚਰਨਿ ਤਾਹਿ ਚਿਤੁ ਲਾਇਓ॥੩॥੧॥੨॥		Sagal Bharam Thaj Naanak Praanee Charan Thaahi Chith Laaeiou ||3||1||2||	Cast off all your doubts; prays Nanak, O mortal, focus your consciousness on His Feet. ||3||1||2||	ਹੇ ਨਾਨਕ! ਜਿਸ ਮਨੁੱਖ ਨੇ ਉਸ ਦੇ ਚਰਨਾਂ ਵਿਚ ਮਨ ਜੋੜਿਆ ਹੈ, ਇਹ ਮਾਇਆ ਦੀਆਂ ਸਾਰੀਆਂ ਭਟਕਣਾਂ ਤਿਆਗ ਕੇ ਹੀ ਜੋੜਿਆ ਹੈ ॥੩॥੧॥੨॥
23932	537	ਰਾਗੁ ਬਿਹਾਗੜਾ ਛੰਤ ਮਹਲਾ ੪ ਘਰੁ ੧		Raag Bihaagarraa Shhanth Mehalaa 4 Ghar 1	Raag Bihaagraa, Chhant, Fourth Mehl, First House:	ਰਾਗ ਬੇਹਾਗੜਾ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਛੰਤ'।
23933	537	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
23934	537	ਹਰਿ ਹਰਿ ਨਾਮੁ ਧਿਆਈਐ ਮੇਰੀ ਜਿੰਦੁੜੀਏ ਗੁਰਮੁਖਿ ਨਾਮੁ ਅਮੋਲੇ ਰਾਮ॥		Har Har Naam Dhhiaaeeai Maeree Jindhurreeeae Guramukh Naam Amolae Raam ||	Meditate on the Name of the Lord, Har, Har, O my soul; as Gurmukh, meditate on the invaluable Name of the Lord.	ਹੇ ਮੇਰੀ ਸੋਹਣੀ ਜਿੰਦੇ! ਸਦਾ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ ਪਰਮਾਤਮਾ ਦਾ ਅਮੋਲਕ ਨਾਮ ਗੁਰੂ ਦੀ ਰਾਹੀਂ (ਹੀ) ਮਿਲਦਾ ਹੈ।

23935	537	ਹਰਿ ਰਸਿ ਬੀਧਾ ਹਰਿ ਮਨੁ ਪਿਆਰਾ ਮਨੁ ਹਰਿ ਰਸਿ ਨਾਮਿ ਝਕੋਲੇ ਰਾਮ॥	(ਬੀੱਧਾ) ਵਿੰਨ੍ਹਿਆ। (ਝਕੋਲੇ) ਜਪਦਾ	Har Ras Beedhhaa Har Man Piaaraa Man Har Ras Naam Jhakolae Raam ||	My mind is pierced through by the sublime essence of the Lord's Name. The Lord is dear to my mind. With the sublime essence of the Lord's Name, my mind is washed clean.	ਜੇਹੜਾ ਮਨ ਪਰਮਾਤਮਾ ਦੇ ਨਾਮ-ਰਸ ਵਿਚ ਵਿੱਝ ਜਾਂਦਾ ਹੈ, ਉਹ ਮਨ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ, ਉਹ ਮਨ ਆਨੰਦ ਨਾਲ ਪ੍ਰਭੂ ਦੇ ਨਾਮ ਵਿਚ ਚੁੱਭੀ ਲਾਈ ਰੱਖਦਾ ਹੈ।
23936	538	ਗੁਰਮਤਿ ਮਨੁ ਠਹਰਾਈਐ ਮੇਰੀ ਜਿੰਦੁੜੀਏ ਅਨਤ ਨ ਕਾਹੂ ਡੋਲੇ ਰਾਮ॥		Guramath Man Theharaaeeai Maeree Jindhurreeeae Anath N Kaahoo Ddolae Raam ||	Under Guru's Instructions, hold your mind steady; O my soul, do not let it wander anywhere.	ਹੇ ਮੇਰੀ ਸੋਹਣੀ ਜਿੰਦੇ! ਗੁਰੂ ਦੀ ਮਤਿ ਉਤੇ ਤੁਰ ਕੇ ਇਸ ਮਨ ਨੂੰ (ਪ੍ਰਭੂ-ਚਰਨਾਂ ਵਿਚ) ਟਿਕਾਣਾ ਚਾਹੀਦਾ ਹੈ (ਗੁਰੂ ਦੀ ਮਤਿ ਦੀ ਬਰਕਤਿ ਨਾਲ ਮਨ) ਕਿਸੇ ਹੋਰ ਪਾਸੇ ਨਹੀਂ ਡੋਲਦਾ।
23937	538	ਮਨ ਚਿੰਦਿਅੜਾ ਫਲੁ ਪਾਇਆ ਹਰਿ ਪ੍ਰਭੁ ਗੁਣ ਨਾਨਕ ਬਾਣੀ ਬੋਲੇ ਰਾਮ॥੧॥		Man Chindhiarraa Fal Paaeiaa Har Prabh Gun Naanak Baanee Bolae Raam ||1||	One who utters the Bani of the Praises of the Lord God, O Nanak, obtains the fruits of his heart's desires. ||1||	ਹੇ ਨਾਨਕ! ਜੇਹੜਾ ਮਨੁੱਖ (ਗੁਰਮਤਿ ਤੇ ਤੁਰ ਕੇ) ਪ੍ਰਭੂ ਦੇ ਗੁਣਾਂ ਵਾਲੀ ਬਾਣੀ ਉਚਾਰਦਾ ਰਹਿੰਦਾ ਹੈ, ਉਹ ਮਨ-ਇੱਛਤ ਫਲ ਪਾ ਲੈਂਦਾ ਹੈ ॥੧॥

23938	538	ਗੁਰਮਤਿ ਮਨਿ ਅੰਮ੍ਰਿਤੁ ਵੁਠੜਾ ਮੇਰੀ ਜਿੰਦੁੜੀਏ ਮੁਖਿ ਅੰਮ੍ਰਿਤ ਬੈਣ ਅਲਾਏ ਰਾਮ॥	ਵੁੱਠੜਾ	Guramath Man Anmrith Vutharraa Maeree Jindhurreeeae Mukh Anmrith Bain Alaaeae Raam ||	Under Guru's Instruction, the Ambrosial Name abides within the mind, O my soul; with your mouth, utter the words of ambrosia.	ਹੇ ਮੇਰੀ ਸੋਹਣੀ ਜਿੰਦੇ! ਗੁਰੂ ਦੀ ਮਤਿ ਦੀ ਬਰਕਤਿ ਨਾਲ ਜਿਸ ਮਨੁੱਖ ਦੇ ਮਨ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਆ ਵੱਸਦਾ ਹੈ ਉਹ ਮਨੁੱਖ ਆਪਣੇ ਮੂੰਹ ਨਾਲ ਆਤਮਕ ਜੀਵਨ ਦੇਣ ਵਾਲੀ ਬਾਣੀ ਸਦਾ ਉਚਾਰਦਾ ਰਹਿੰਦਾ ਹੈ।
23939	538	ਅੰਮ੍ਰਿਤ ਬਾਣੀ ਭਗਤ ਜਨਾ ਕੀ ਮੇਰੀ ਜਿੰਦੁੜੀਏ ਮਨਿ ਸੁਣੀਐ ਹਰਿ ਲਿਵ ਲਾਏ ਰਾਮ॥		Anmrith Baanee Bhagath Janaa Kee Maeree Jindhurreeeae Man Suneeai Har Liv Laaeae Raam ||	The Words of the devotees are Ambrosial Nectar, O my soul; hearing them in the mind, embrace loving affection for the Lord.	ਹੇ ਜਿੰਦੇ! ਪਰਮਾਤਮਾ ਦੀ ਭਗਤੀ ਕਰਨ ਵਾਲੇ ਮਨੁੱਖਾਂ ਦੀ ਬਾਣੀ ਆਤਮਕ ਜੀਵਨ ਦੇਣ ਵਾਲੀ ਹੈ ਪਰਮਾਤਮਾ ਦੇ ਚਰਨਾਂ ਵਿਚ ਸੁਰਤਿ ਜੋੜ ਕੇ ਉਹ ਬਾਣੀ ਮਨ ਨਾਲ (ਧਿਆਨ ਨਾਲ) ਸੁਣਨੀ ਚਾਹੀਦੀ ਹੈ।
23940	538	ਚਿਰੀ ਵਿਛੁੰਨਾ ਹਰਿ ਪ੍ਰਭੁ ਪਾਇਆ ਗਲਿ ਮਿਲਿਆ ਸਹਜਿ ਸੁਭਾਏ ਰਾਮ॥	ਗਲਿ:ਪੋਲਾ ਬੋਲੋ	Chiree Vishhunnaa Har Prabh Paaeiaa Gal Miliaa Sehaj Subhaaeae Raam ||	Separated for so very long, I have found the Lord God; He holds me close in His loving embrace.	(ਜੇਹੜਾ ਮਨੁੱਖ ਸੁਣਦਾ ਹੈ ਉਸ ਨੂੰ) ਚਿਰ ਦਾ ਵਿਛੁੜਿਆ ਹੋਇਆ ਪਰਮਾਤਮਾ ਆ ਮਿਲਦਾ ਹੈ, ਆਤਮਕ ਅਡੋਲਤਾ ਤੇ ਪ੍ਰੇਮ ਦੇ ਕਾਰਨ ਉਸ ਦੇ ਗਲ ਆ ਲੱਗਦਾ ਹੈ।

23941	538	ਜਨ ਨਾਨਕ ਮਨਿ ਅਨਦੁ ਭਇਆ ਹੈ ਮੇਰੀ ਜਿੰਦੁੜੀਏ ਅਨਹਤ ਸਬਦ ਵਜਾਏ ਰਾਮ॥੨॥		Jan Naanak Man Anadh Bhaeiaa Hai Maeree Jindhurreeeae Anehath Sabadh Vajaaeae Raam ||2||	Servant Nanak's mind is filled with bliss, O my soul; the unstruck sound-current of the Shabad vibrates within. ||2||	ਹੇ ਦਾਸ ਨਾਨਕ! ਹੇ ਮੇਰੀ ਸੋਹਣੀ ਜਿੰਦੇ! ਉਸ ਮਨੁੱਖ ਦੇ ਮਨ ਵਿਚ ਆਤਮਕ ਆਨੰਦ ਬਣਿਆ ਰਹਿੰਦਾ ਹੈ, ਉਹ ਆਪਣੇ ਅੰਦਰ ਇਕ-ਰਸ ਸਿਫ਼ਤ-ਸਾਲਾਹ ਦੀ ਬਾਣੀ ਦਾ (ਮਾਨੋ, ਵਾਜਾ) ਵਜਾਂਦਾ ਰਹਿੰਦਾ ਹੈ ॥੨॥
23942	538	ਸਖੀ ਸਹੇਲੀ ਮੇਰੀਆ ਮੇਰੀ ਜਿੰਦੁੜੀਏ ਕੋਈ ਹਰਿ ਪ੍ਰਭੁ ਆਣਿ ਮਿਲਾਵੈ ਰਾਮ॥		Sakhee Sehaelee Maereeaa Maeree Jindhurreeeae Koee Har Prabh Aan Milaavai Raam ||	If only my friends and companions would come and unite me with my Lord God, O my soul.	ਹੇ ਮੇਰੀ ਸਖੀ ਸਹੇਲੀਹੋ! ਹੇ ਮੇਰੀ ਸੋਹਣੀ ਜਿੰਦੇ! ਜੇ ਕੋਈ ਧਿਰ ਮੇਰਾ ਹਰਿ-ਪ੍ਰਭੂ ਲਿਆ ਕੇ ਮੈਨੂੰ ਮਿਲਾ ਦੇਵੇ,
23943	538	ਹਉ ਮਨੁ ਦੇਵਉ ਤਿਸੁ ਆਪਣਾ ਮੇਰੀ ਜਿੰਦੁੜੀਏ ਹਰਿ ਪ੍ਰਭ ਕੀ ਹਰਿ ਕਥਾ ਸੁਣਾਵੈ ਰਾਮ॥		Ho Man Dhaevo This Aapanaa Maeree Jindhurreeeae Har Prabh Kee Har Kathhaa Sunaavai Raam ||	I offer my mind to the one who recites the sermon of my Lord God, O my soul.	ਜੇ ਕੋਈ ਮੈਨੂੰ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਸੁਣਾਇਆ ਕਰੇ, ਤਾਂ ਮੈਂ ਆਪਣਾ ਮਨ ਉਸ ਦੇ ਹਵਾਲੇ ਕਰ ਦਿਆਂ।

23944	538	ਗੁਰਮੁਖਿ ਸਦਾ ਅਰਾਧਿ ਹਰਿ ਮੇਰੀ ਜਿੰਦੁੜੀਏ ਮਨ ਚਿੰਦਿਅੜਾ ਫਲੁ ਪਾਵੈ ਰਾਮ॥		Guramukh Sadhaa Araadhh Har Maeree Jindhurreeeae Man Chindhiarraa Fal Paavai Raam ||	As Gurmukh, ever worship the Lord in adoration, O my soul, and you shall obtain the fruits of your heart's desires.	ਹੇ ਮੇਰੀ ਸੋਹਣੀ ਜਿੰਦੇ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰਿਆ ਕਰ, (ਜੇਹੜਾ ਕੋਈ ਸਿਮਰਦਾ ਹੈ ਉਹ) ਮਨ-ਇੱਛਤ ਫਲ ਪ੍ਰਾਪਤ ਕਰ ਲੈਂਦਾ ਹੈ।
23945	538	ਨਾਨਕ ਭਜੁ ਹਰਿ ਸਰਣਾਗਤੀ ਮੇਰੀ ਜਿੰਦੁੜੀਏ ਵਡਭਾਗੀ ਨਾਮੁ ਧਿਆਵੈ ਰਾਮ॥੩॥	ਭਜੁ:ਪੋਲਾ ਬੋਲੋ। ਸਰ-ਣਾਗਤੀ	Naanak Bhaj Har Saranaagathee Maeree Jindhurreeeae Vaddabhaagee Naam Dhhiaavai Raam ||3||	O Nanak, hurry to the Lord's Sanctuary; O my soul, those who meditate on the Lord's Name are very fortunate. ||3||	ਹੇ ਨਾਨਕ! ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦੀ ਸਰਨ ਪਈ ਰਹੁ! ਵੱਡੇ ਭਾਗਾਂ ਵਾਲਾ ਮਨੁੱਖ ਹੀ ਪਰਮਾਤਮਾ ਦਾ ਨਾਮ ਸਿਮਰਦਾ ਹੈ ॥੩॥
23946	538	ਕਰਿ ਕਿਰਪਾ ਪ੍ਰਭ ਆਇ ਮਿਲੁ ਮੇਰੀ ਜਿੰਦੁੜੀਏ ਗੁਰਮਤਿ ਨਾਮੁ ਪਰਗਾਸੇ ਰਾਮ॥		Kar Kirapaa Prabh Aae Mil Maeree Jindhurreeeae Guramath Naam Paragaasae Raam ||	By His Mercy, God comes to meet us, O my soul; through the Guru's Teachings, He reveals His Name.	ਹੇ ਮੇਰੀ ਸੋਹਣੀ ਜਿੰਦੇ! ਪ੍ਰਭੂ ਦੀ ਕਿਰਪਾ ਹੀ ਉਹ ਮੈਨੂੰ ਆ ਮਿਲਦਾ ਹੈ। (ਹੇ ਜਿੰਦੇ!) ਗੁਰੂ ਦੀ ਮਤਿ ਉਤੇ ਤੁਰਿਆਂ ਹੀ ਹਰਿ-ਨਾਮ (ਹਿਰਦੇ ਵਿਚ) ਚਮਕਦਾ ਹੈ।

23947	538	ਹਉ ਹਰਿ ਬਾਝੁ ਉਡੀਣੀਆ ਮੇਰੀ ਜਿੰਦੁੜੀਏ ਜਿਉ ਜਲ ਬਿਨੁ ਕਮਲ ਉਦਾਸੇ ਰਾਮ॥	(ਉਡੀਣੀਆ) ਉਦਾਸ	Ho Har Baajh Ouddeeneeaa Maeree Jindhurreeeae Jio Jal Bin Kamal Oudhaasae Raam ||	Without the Lord, I am so sad, O my soul - as sad as the lotus without water.	ਹੇ ਮੇਰੀ ਸੋਹਣੀ ਜਿੰਦੇ! ਮੈਂ ਪਰਮਾਤਮਾ ਤੋਂ ਬਿਨਾ ਕੁਮਲਾਈ ਰਹਿੰਦੀ ਹਾਂ, ਜਿਵੇਂ ਪਾਣੀ ਤੋਂ ਬਿਨਾ ਕੌਲ-ਫੁੱਲ ਕੁਮਲਾਇਆ ਰਹਿੰਦਾ ਹੈ।
23948	538	ਗੁਰਿ ਪੂਰੈ ਮੇਲਾਇਆ ਮੇਰੀ ਜਿੰਦੁੜੀਏ ਹਰਿ ਸਜਣੁ ਹਰਿ ਪ੍ਰਭੁ ਪਾਸੇ ਰਾਮ॥		Gur Poorai Maelaaeiaa Maeree Jindhurreeeae Har Sajan Har Prabh Paasae Raam ||	The Perfect Guru has united me, O my soul, with the Lord, my best friend, the Lord God.	ਹੇ ਮੇਰੀ ਸੋਹਣੀ ਜਿੰਦੇ! ਜਿਸ ਨੂੰ ਪੂਰੇ ਗੁਰੂ ਨੇ ਸੱਜਣ-ਹਰੀ ਮਿਲਾ ਦਿੱਤਾ, ਉਸ ਨੂੰ ਹਰੀ ਪ੍ਰਭੂ ਆਪਣੇ ਅੰਗ-ਸੰਗ ਵੱਸਦਾ ਦਿੱਸ ਪੈਂਦਾ ਹੈ।
23949	538	ਧਨੁ ਧਨੁ ਗੁਰੂ ਹਰਿ ਦਸਿਆ ਮੇਰੀ ਜਿੰਦੁੜੀਏ ਜਨ ਨਾਨਕ ਨਾਮਿ ਬਿਗਾਸੇ ਰਾਮ॥੪॥੧॥	ਦੱਸਿਆ	Dhhan Dhhan Guroo Har Dhasiaa Maeree Jindhurreeeae Jan Naanak Naam Bigaasae Raam ||4||1||	Blessed, blessed is the Guru, who has shown me the Lord, O my soul; servant Nanak blossoms forth in the Name of the Lord. ||4||1||	ਹੇ ਦਾਸ ਨਾਨਕ! ਹੇ ਮੇਰੀ ਸੋਹਣੀ ਜਿੰਦੇ! ਗੁਰੂ ਸਲਾਹੁਣ-ਜੋਗ ਹੈ, ਸਦਾ ਸਲਾਹੁਣ-ਜੋਗ ਹੈ। ਗੁਰੂ ਨੇ ਜਿਸ ਨੂੰ (ਪਰਮਾਤਮਾ ਦੀ) ਦੱਸ ਪਾ ਦਿੱਤੀ (ਉਸ ਦਾ ਹਿਰਦਾ) ਨਾਮ ਦੀ ਬਰਕਤਿ ਨਾਲ ਖਿੜ ਪੈਂਦਾ ਹੈ ॥੪॥੧॥
23950	538	ਰਾਗੁ ਬਿਹਾਗੜਾ ਮਹਲਾ ੪॥		Raag Bihaagarraa Mehalaa 4 ||	Raag Bihaagraa, Fourth Mehl:	

23951	538	ਅੰਮ੍ਰਿਤੁ ਹਰਿ ਹਰਿ ਨਾਮੁ ਹੈ ਮੇਰੀ ਜਿੰਦੁੜੀਏ ਅੰਮ੍ਰਿਤੁ ਗੁਰਮਤਿ ਪਾਏ ਰਾਮ॥		Anmrith Har Har Naam Hai Maeree Jindhurreeeae Anmrith Guramath Paaeae Raam ||	The Name of the Lord, Har, Har, is Ambrosial Nectar, O my soul; through the Guru's Teachings, this Nectar is obtained.	ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਜਲ ਹੈ, ਇਹ ਨਾਮ-ਜਲ ਗੁਰੂ ਦੀ ਮਤਿ ਉੱਤੇ ਤੁਰਿਆਂ ਹੀ ਮਿਲਦਾ ਹੈ।
23952	538	ਹਉਮੈ ਮਾਇਆ ਬਿਖੁ ਹੈ ਮੇਰੀ ਜਿੰਦੁੜੀਏ ਹਰਿ ਅੰਮ੍ਰਿਤਿ ਬਿਖੁ ਲਹਿ ਜਾਏ ਰਾਮ॥		Houmai Maaeiaa Bikh Hai Maeree Jindhurreeeae Har Anmrith Bikh Lehi Jaaeae Raam ||	Pride in Maya is poison, O my soul; through the Ambrosial Nectar of the Name, this poison is eradicated.	ਹੇ ਮੇਰੀ ਸੋਹਣੀ ਜਿੰਦੇ! ਹਉਮੈ ਜ਼ਹਿਰ ਹੈ ਮਾਇਆ (ਦਾ ਮੋਹ) ਜ਼ਹਿਰ ਹੈ (ਜੋ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ), ਇਹ ਜ਼ਹਿਰ ਨਾਮ-ਜਲ (ਪੀਣ) ਨਾਲ ਲਹਿ ਜਾਂਦਾ ਹੈ।
23953	538	ਮਨੁ ਸੁਕਾ ਹਰਿਆ ਹੋਇਆ ਮੇਰੀ ਜਿੰਦੁੜੀਏ ਹਰਿ ਹਰਿ ਨਾਮੁ ਧਿਆਏ ਰਾਮ॥		Man Sukaa Hariaa Hoeiaa Maeree Jindhurreeeae Har Har Naam Dhhiaaeae Raam ||	The dry mind is rejuvenated, O my soul, meditating on the Name of the Lord, Har, Har.	ਹੇ ਮੇਰੀ ਸੋਹਣੀ ਜਿੰਦੇ! ਜੇਹੜਾ ਮਨੁੱਖ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ ਉਸ ਦਾ ਸੁੱਕਾ ਹੋਇਆ (ਥੋੜ੍ਹ-ਵਿਤਾ ਹੋ ਚੁੱਕਾ) ਮਨ ਹਰਾ ਹੋ ਜਾਂਦਾ ਹੈ (ਜਿਵੇਂ ਕੋਈ ਸੁੱਕਾ ਹੋਇਆ ਰੁੱਖ ਪਾਣੀ ਨਾਲ ਹਰਾ ਹੋ ਜਾਂਦਾ ਹੈ, ਤੇ, ਕਰੜਾ-ਪਨ ਛੱਡ ਕੇ ਨਰਮ ਹੋ ਜਾਂਦਾ ਹੈ)।

23954	538	ਹਰਿ ਭਾਗ ਵਡੇ ਲਿਖਿ ਪਾਇਆ ਮੇਰੀ ਜਿੰਦੁੜੀਏ ਜਨ ਨਾਨਕ ਨਾਮਿ ਸਮਾਏ ਰਾਮ॥੧॥		Har Bhaag Vaddae Likh Paaeiaa Maeree Jindhurreeeae Jan Naanak Naam Samaaeae Raam ||1||	The Lord has given me the pre-ordained blessing of high destiny, O my soul; servant Nanak merges in the Naam, the Name of the Lord. ||1||	ਹੇ ਦਾਸ ਨਾਨਕ! ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਨੂੰ ਪੂਰਬਲੇ ਲਿਖੇ ਅਨੁਸਾਰ ਵੱਡੇ ਭਾਗਾਂ ਨਾਲ ਪਰਮਾਤਮਾ ਮਿਲ ਪੈਂਦਾ ਹੈ ਉਹ ਸਦਾ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ ॥੧॥
23955	538	ਹਰਿ ਸੇਤੀ ਮਨੁ ਬੇਧਿਆ ਮੇਰੀ ਜਿੰਦੁੜੀਏ ਜਿਉ ਬਾਲਕ ਲਗਿ ਦੁਧ ਖੀਰੇ ਰਾਮ॥	ਬੇੱਧਿਆ। ਲੱਗਿ। ਦੁੱਧ	Har Saethee Man Baedhhiaa Maeree Jindhurreeeae Jio Baalak Lag Dhudhh Kheerae Raam ||	My mind is attached to the Lord, O my soul, like the infant, sucking his mother's milk.	ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਦਾ ਮਨ ਪਰਮਾਤਮਾ ਨਾਲ ਇਉਂ ਪ੍ਰੋਇਆ ਜਾਂਦਾ ਹੈ ਜਿਵੇਂ ਬੱਚੇ ਦਾ ਮਨ ਦੁੱਧ ਨਾਲ ਪਰਚ ਜਾਂਦਾ ਹੈ,
23956	538	ਹਰਿ ਬਿਨੁ ਸਾਂਤਿ ਨ ਪਾਈਐ ਮੇਰੀ ਜਿੰਦੁੜੀਏ ਜਿਉ ਚਾਤ੍ਰਿਕੁ ਜਲ ਬਿਨੁ ਟੇਰੇ ਰਾਮ॥	(ਟੇਰੇ) ਪੁਕਾਰਦਾ	Har Bin Saanth N Paaeeai Maeree Jindhurreeeae Jio Chaathrik Jal Bin Ttaerae Raam ||	Without the Lord, I find no peace, O my soul; I am like the song-bird, crying out without the rain drops.	ਉਸ ਮਨੁੱਖ ਨੂੰ, ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦੇ ਮਿਲਾਪ ਤੋਂ ਬਿਨਾ ਠੰਡ ਨਹੀਂ ਪੈਂਦੀ (ਉਹ ਸਦਾ ਵਿਆਕੁਲ ਹੋਇਆ ਰਹਿੰਦਾ ਹੈ) ਜਿਵੇਂ ਪਪੀਹਾ (ਸ੍ਵਾਂਤੀ ਬੂੰਦ ਦੇ) ਪਾਣੀ ਤੋਂ ਬਿਨਾ ਪੁਕਾਰਦਾ ਰਹਿੰਦਾ ਹੈ।

23957	538	ਸਤਿਗੁਰ ਸਰਣੀ ਜਾਇ ਪਉ ਮੇਰੀ ਜਿੰਦੁੜੀਏ ਗੁਣ ਦਸੇ ਹਰਿ ਪ੍ਰਭ ਕੇਰੇ ਰਾਮ॥	ਦੱਸੇ	Sathigur Saranee Jaae Po Maeree Jindhurreeeae Gun Dhasae Har Prabh Kaerae Raam ||	Go, and seek the Sanctuary of the True Guru, O my soul; He shall tell you of the Glorious Virtues of the Lord God.	ਹੇ ਮੇਰੀ ਸੋਹਣੀ ਜਿੰਦੇ! ਜਾ ਕੇ ਗੁਰੂ ਦੀ ਸਰਨ ਪਈ ਰਹੁ, ਗੁਰੂ ਪਰਮਾਤਮਾ ਦੇ ਗੁਣਾਂ ਦੀ ਦੱਸ ਪਾਂਦਾ ਹੈ।
23958	538	ਜਨ ਨਾਨਕ ਹਰਿ ਮੇਲਾਇਆ ਮੇਰੀ ਜਿੰਦੁੜੀਏ ਘਰਿ ਵਾਜੇ ਸਬਦ ਘਣੇਰੇ ਰਾਮ॥੨॥		Jan Naanak Har Maelaaeiaa Maeree Jindhurreeeae Ghar Vaajae Sabadh Ghanaerae Raam ||2||	Servant Nanak has merged into the Lord, O my soul; the many melodies of the Shabad resound within his heart. ||2||	ਹੇ ਦਾਸ ਨਾਨਕ! ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਨੂੰ ਗੁਰੂ ਨੇ ਪਰਮਾਤਮਾ ਮਿਲਾ ਦਿੱਤਾ ਉਸ ਦੇ ਹਿਰਦੇ-ਘਰ ਵਿਚ (ਮਾਨੋ) ਅਨੇਕਾਂ ਸੋਹਣੇ ਸਾਜ ਵੱਜਦੇ ਰਹਿੰਦੇ ਹਨ ॥੨॥
23959	538	ਮਨਮੁਖਿ ਹਉਮੈ ਵਿਛੁੜੇ ਮੇਰੀ ਜਿੰਦੁੜੀਏ ਬਿਖੁ ਬਾਧੇ ਹਉਮੈ ਜਾਲੇ ਰਾਮ॥		Manamukh Houmai Vishhurrae Maeree Jindhurreeeae Bikh Baadhhae Houmai Jaalae Raam ||	Through egotism, the self-willed manmukhs are separated, O my soul; bound to poison, they are burnt by egotism.	ਹੇ ਮੇਰੀ ਸੋਹਣੀ ਜਿੰਦੇ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਹਉਮੈ ਦੇ ਕਾਰਨ ਪਰਮਾਤਮਾ ਨਾਲੋਂ ਵਿਛੁੜ ਜਾਂਦੇ ਹਨ, (ਮਾਇਆ ਦੇ ਮੋਹ ਦਾ) ਜ਼ਹਿਰ (ਉਹਨਾਂ ਦੇ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ), ਉਹ ਹਉਮੈ ਦੇ ਜਾਲ ਵਿਚ ਬੱਝੇ ਰਹਿੰਦੇ ਹਨ।

23960	538	ਜਿਉ ਪੰਖੀ ਕਪੋਤਿ ਆਪੁ ਬਨ੍ਹਾਇਆ ਮੇਰੀ ਜਿੰਦੁੜੀਏ ਤਿਉ ਮਨਮੁਖ ਸਭਿ ਵਸਿ ਕਾਲੇ ਰਾਮ॥	(ਕਪੋਤਿ) ਕਬੂਤ੍ਰ। ਵੱਸਿ	Jio Pankhee Kapoth Aap Banhaaeiaa Maeree Jindhurreeeae Thio Manamukh Sabh Vas Kaalae Raam ||	Like the pigeon, which itself falls into the trap, O my soul, all the self-willed manmukhs fall under the influence of death.	ਹੇ ਮੇਰੀ ਸੋਹਣੀ ਜਿੰਦੇ! ਜਿਵੇਂ (ਚੋਗੇ ਦੇ ਲਾਲਚ ਵਿਚ) ਕਬੂਤਰ ਆਦਿਕ ਪੰਛੀ ਆਪਣੇ ਆਪ ਨੂੰ ਜਾਲ ਵਿਚ ਬੰਨ੍ਹਾ ਲੈਂਦਾ ਹੈ, ਤਿਵੇਂ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਸਾਰੇ ਮਨੁੱਖ ਆਤਮਕ ਮੌਤ ਦੇ ਵੱਸ ਵਿਚ ਆਏ ਰਹਿੰਦੇ ਹਨ।
23961	538	ਜੋ ਮੋਹਿ ਮਾਇਆ ਚਿਤੁ ਲਾਇਦੇ ਮੇਰੀ ਜਿੰਦੁੜੀਏ ਸੇ ਮਨਮੁਖ ਮੂੜ ਬਿਤਾਲੇ ਰਾਮ॥		Jo Mohi Maaeiaa Chith Laaeidhae Maeree Jindhurreeeae Sae Manamukh Moorr Bithaalae Raam ||	Those self-willed manmukhs who focus their consciousness on Maya, O my soul, are foolish, evil demons.	ਹੇ ਮੇਰੀ ਸੋਹਣੀ ਜਿੰਦੇ! ਜੇਹੜੇ ਮਨੁੱਖ ਮਾਇਆ ਦੇ ਮੋਹ ਵਿਚ ਆਪਣਾ ਚਿੱਤ ਜੋੜੀ ਰੱਖਦੇ ਹਨ ਉਹ ਆਪ-ਹੁਦਰੇ ਮਨੁੱਖ ਮੂਰਖ ਹੁੰਦੇ ਹਨ, ਉਹ ਜੀਵਨ-ਚਾਲ ਤੋਂ ਖੁੰਝੇ ਰਹਿੰਦੇ ਹਨ।
23962	539	ਜਨ ਤ੍ਰਾਹਿ ਤ੍ਰਾਹਿ ਸਰਣਾਗਤੀ ਮੇਰੀ ਜਿੰਦੁੜੀਏ ਗੁਰ ਨਾਨਕ ਹਰਿ ਰਖਵਾਲੇ ਰਾਮ॥੩॥	ਸਰਣਾਗਤੀ	Jan Thraahi Thraahi Saranaagathee Maeree Jindhurreeeae Gur Naanak Har Rakhavaalae Raam ||3||	The Lord's humble servants beseech and implore Him, and enter His Sanctuary, O my soul; Guru Nanak becomes their Divine Protector. ||3||	ਹੇ ਨਾਨਕ! ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦੇ ਸੇਵਕ ਪਰਮਾਤਮਾ ਦੀ ਸਰਨ ਆਉਂਦੇ ਹਨ (ਤੇ, ਅਰਜ਼ੋਈ ਕਰਦੇ ਹਨ: ਹੇ ਪ੍ਰਭੂ! ਸਾਨੂੰ) ਬਚਾ ਲੈ, ਬਚਾ ਲੈ। ਗੁਰੂ ਪਰਮਾਤਮਾ ਉਹਨਾਂ ਦੇ ਰਾਖੇ ਬਣਦੇ ਹਨ ॥੩॥

23963	539	ਹਰਿ ਜਨ ਹਰਿ ਲਿਵ ਉਬਰੇ ਮੇਰੀ ਜਿੰਦੁੜੀਏ ਧੁਰਿ ਭਾਗ ਵਡੇ ਹਰਿ ਪਾਇਆ ਰਾਮ॥		Har Jan Har Liv Oubarae Maeree Jindhurreeeae Dhhur Bhaag Vaddae Har Paaeiaa Raam ||	The Lord's humble servants are saved, through the Love of the Lord, O my soul; by their pre-ordained good destiny, they obtain the Lord.	ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦੇ ਭਗਤ ਪਰਮਾਤਮਾ ਦੇ ਚਰਨਾਂ ਵਿਚ ਸੁਰਤਿ ਜੋੜ ਕੇ (ਸੰਸਾਰ-ਸਮੁੰਦਰ ਵਿਚੋਂ) ਬਚ ਨਿਕਲਦੇ ਹਨ, ਧੁਰ ਦਰਗਾਹ ਤੋਂ ਲਿਖੇ ਅਨੁਸਾਰ ਵੱਡੇ ਭਾਗਾਂ ਨਾਲ ਉਹ ਪਰਮਾਤਮਾ ਨੂੰ ਮਿਲ ਪੈਂਦੇ ਹਨ।
23964	539	ਹਰਿ ਹਰਿ ਨਾਮੁ ਪੋਤੁ ਹੈ ਮੇਰੀ ਜਿੰਦੁੜੀਏ ਗੁਰ ਖੇਵਟ ਸਬਦਿ ਤਰਾਇਆ ਰਾਮ॥	(ਪੋਤੁ) ਜਹਾਜ਼। (ਖੇਵਟ) ਮਲਾਹ	Har Har Naam Poth Hai Maeree Jindhurreeeae Gur Khaevatt Sabadh Tharaaeiaa Raam ||	The Name of the Lord, Har, Har, is the ship, O my soul, and the Guru is the helmsman. Through the Word of the Shabad, He ferries us across.	ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦਾ ਨਾਮ ਜਹਾਜ਼ ਹੈ, (ਹਰਿ ਜਨਾਂ ਨੂੰ) ਗੁਰੂ-ਮਲਾਹ ਦੇ ਸ਼ਬਦ ਨੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ।
23965	539	ਹਰਿ ਹਰਿ ਪੁਰਖੁ ਦਇਆਲੁ ਹੈ ਮੇਰੀ ਜਿੰਦੁੜੀਏ ਗੁਰ ਸਤਿਗੁਰ ਮੀਠ ਲਗਾਇਆ ਰਾਮ॥	ਦਇਆਲੁ	Har Har Purakh Dhaeiaal Hai Maeree Jindhurreeeae Gur Sathigur Meeth Lagaaeiaa Raam ||	The Lord, Har, Har, is all-powerful and very kind, O my soul; through the Guru, the True Guru, He seems so sweet.	ਹੇ ਮੇਰੀ ਸੋਹਣੀ ਜਿੰਦੇ! ਸਰਬ-ਵਿਆਪਕ ਪਰਮਾਤਮਾ ਸਦਾ ਹੀ ਦਇਆਵਾਨ ਹੈ, ਗੁਰੂ ਸਤਿਗੁਰੂ ਦੀ ਸਰਨ ਪਿਆਂ (ਹਰਿ-ਜਨਾਂ ਨੂੰ ਪਰਮਾਤਮਾ) ਪਿਆਰਾ ਲੱਗਣ ਲੱਗ ਪੈਂਦਾ ਹੈ।

23966	539	ਕਰਿ ਕਿਰਪਾ ਸੁਣਿ ਬੇਨਤੀ ਹਰਿ ਹਰਿ ਜਨ ਨਾਨਕ ਨਾਮੁ ਧਿਆਇਆ ਰਾਮ॥੪॥੨॥		Kar Kirapaa Sun Baenathee Har Har Jan Naanak Naam Dhhiaaeiaa Raam ||4||2||	Shower Your Mercy upon me, and hear my prayer, O Lord, Har, Har; please, let servant Nanak meditate on Your Name. ||4||2||	ਹੇ ਦਾਸ ਨਾਨਕ, ਆਖ! ਹੇ ਹਰੀ! ਮੇਹਰ ਕਰ, ਮੇਰੀ ਬੇਨਤੀ ਸੁਣ (ਮੈਂ ਤੇਰਾ ਨਾਮ ਸਿਮਰਦਾ ਰਹਾਂ। ਜਿਨ੍ਹਾਂ ਉੱਤੇ ਤੂੰ ਮੇਹਰ ਦੀ ਨਿਗਾਹ ਕੀਤੀ, ਉਹਨਾਂ) ਤੇਰਾ ਨਾਮ ਸਿਮਰਿਆ ॥੪॥੨॥
23967	539	ਬਿਹਾਗੜਾ ਮਹਲਾ ੪॥		Bihaagarraa Mehalaa 4 ||	Bihaagraa, Fourth Mehl:	
23968	539	ਜਗਿ ਸੁਕ੍ਰਿਤੁ ਕੀਰਤਿ ਨਾਮੁ ਹੈ ਮੇਰੀ ਜਿੰਦੁੜੀਏ ਹਰਿ ਕੀਰਤਿ ਹਰਿ ਮਨਿ ਧਾਰੇ ਰਾਮ॥	ਜੱਗਿ। ਸੁ-ਕ੍ਰਿਤੁ	Jag Sukirath Keerath Naam Hai Maeree Jindhurreeeae Har Keerath Har Man Dhhaarae Raam ||	In this world, the best occupation is to sing the Praises of the Naam, O my soul. Singing the Praises of the Lord, the Lord is enshrined in the mind.	ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ, ਪਰਮਾਤਮਾ ਦਾ ਨਾਮ ਜਪਣਾ, ਜਗਤ ਵਿਚ ਸਭ ਤੋਂ ਸ੍ਰੇਸ਼ਟ ਕਰਮ ਹੈ। ਤੂੰ ਭੀ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਿਆ ਕਰ, ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਟਿਕਾਈ ਰੱਖ।
23969	539	ਹਰਿ ਹਰਿ ਨਾਮੁ ਪਵਿਤੁ ਹੈ ਮੇਰੀ ਜਿੰਦੁੜੀਏ ਜਪਿ ਹਰਿ ਹਰਿ ਨਾਮੁ ਉਧਾਰੇ ਰਾਮ॥		Har Har Naam Pavith Hai Maeree Jindhurreeeae Jap Har Har Naam Oudhhaarae Raam ||	The Name of the Lord, Har, Har, is immaculate and pure, O my soul. Chanting the Name of the Lord, Har, Har, one is saved.	ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦਾ ਨਾਮ (ਵਿਕਾਰੀਆਂ ਨੂੰ) ਪਵਿਤ੍ਰ ਕਰਨ ਵਾਲਾ ਹੈ, ਤੂੰ ਭੀ ਪਰਮਾਤਮਾ ਦਾ ਨਾਮ ਜਪਿਆ ਕਰ, ਨਾਮ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚਾ ਲੈਂਦਾ ਹੈ।

23970	539	ਸਭ ਕਿਲਵਿਖ ਪਾਪ ਦੁਖ ਕਟਿਆ ਮੇਰੀ ਜਿੰਦੁੜੀਏ ਮਲੁ ਗੁਰਮੁਖਿ ਨਾਮਿ ਉਤਾਰੇ ਰਾਮ॥	ਕੱਟਿਆ	Sabh Kilavikh Paap Dhukh Kattiaa Maeree Jindhurreeeae Mal Guramukh Naam Outhaarae Raam ||	All sins and errors are erased, O my soul; with the Naam, the Gurmukh washes off this filth.	ਹੇ ਮੇਰੀ ਸੋਹਣੀ ਜਿੰਦੇ! (ਜਿਸ ਮਨੁੱਖ ਨੇ ਹਰਿ-ਨਾਮ ਸਿਮਰਿਆ, ਉਸ ਨੇ ਆਪਣੇ ਅੰਦਰੋਂ) ਸਾਰੇ ਵਿਕਾਰ ਸਾਰੇ ਪਾਪ ਸਾਰੇ ਦੁੱਖ ਦੂਰ ਕਰ ਲਏ, ਉਹ ਮਨੁੱਖ ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਦੀ ਬਰਕਤਿ ਨਾਲ ਵਿਕਾਰਾਂ ਦੀ ਮੈਲ ਲਾਹ ਲੈਂਦਾ ਹੈ।
23971	539	ਵਡ ਪੁੰਨੀ ਹਰਿ ਧਿਆਇਆ ਜਨ ਨਾਨਕ ਹਮ ਮੂਰਖ ਮੁਗਧ ਨਿਸਤਾਰੇ ਰਾਮ॥੧॥		Vadd Punnee Har Dhhiaaeiaa Jan Naanak Ham Moorakh Mugadhh Nisathaarae Raam ||1||	By great good fortune, servant Nanak meditates on the Lord; even fools and idiots like me have been saved. ||1||	ਹੇ ਦਾਸ ਨਾਨਕ! ਵੱਡੇ ਭਾਗਾਂ ਨਾਲ ਹੀ ਪਰਮਾਤਮਾ ਦਾ ਨਾਮ ਸਿਮਰਿਆ ਜਾ ਸਕਦਾ ਹੈ। ਪਰਮਾਤਮਾ ਦਾ ਨਾਮ ਸਾਡੇ ਵਰਗੇ ਮੂਰਖਾਂ ਨੂੰ, ਮਹਾਂ ਮੂਰਖਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ॥੧॥
23972	539	ਜੋ ਹਰਿ ਨਾਮੁ ਧਿਆਇਦੇ ਮੇਰੀ ਜਿੰਦੁੜੀਏ ਤਿਨਾ ਪੰਚੇ ਵਸਗਤਿ ਆਏ ਰਾਮ॥	ਵੱਸਗਤਿ	Jo Har Naam Dhhiaaeidhae Maeree Jindhurreeeae Thinaa Panchae Vasagath Aaeae Raam ||	Those who meditate on the Lord's Name, O my soul, overpower the five passions.	ਹੇ ਮੇਰੀ ਸੋਹਣੀ ਜਿੰਦੇ! ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਰਹਿੰਦੇ ਹਨ, ਕਾਮਾਦਿਕ ਪੰਜੇ ਵੈਰੀ ਉਹਨਾਂ ਦੇ ਵੱਸ ਵਿਚ ਆ ਜਾਂਦੇ ਹਨ,

23973	539	ਅੰਤਰਿ ਨਵ ਨਿਧਿ ਨਾਮੁ ਹੈ ਮੇਰੀ ਜਿੰਦੁੜੀਏ ਗੁਰੁ ਸਤਿਗੁਰੁ ਅਲਖੁ ਲਖਾਏ ਰਾਮ॥		Anthar Nav Nidhh Naam Hai Maeree Jindhurreeeae Gur Sathigur Alakh Lakhaaeae Raam ||	The nine treasures of the Naam are within, O my soul; the Great Guru has made me see the unseen Lord.	ਦੁਨੀਆ ਦੇ ਨੌ ਖ਼ਜ਼ਾਨਿਆਂ ਦੀ ਬਰਾਬਰੀ ਕਰਨ ਵਾਲਾ ਹਰਿ-ਨਾਮ ਉਹਨਾਂ ਦੇ ਮਨ ਵਿਚ ਆ ਵੱਸਦਾ ਹੈ। ਹੇ ਮੇਰੀ ਸੋਹਣੀ ਜਿੰਦੇ! ਗੁਰੂ ਉਹਨਾਂ ਨੂੰ ਉਸ ਪਰਮਾਤਮਾ ਦੀ ਸਮਝ ਬਖ਼ਸ਼ ਦੇਂਦਾ ਹੈ ਜਿਸ ਤਕ ਮਨੁੱਖ ਦੀ ਆਪਣੀ ਸਮਝ ਨਹੀਂ ਪਹੁੰਚ ਸਕਦੀ।
23974	539	ਗੁਰਿ ਆਸਾ ਮਨਸਾ ਪੂਰੀਆ ਮੇਰੀ ਜਿੰਦੁੜੀਏ ਹਰਿ ਮਿਲਿਆ ਭੁਖ ਸਭ ਜਾਏ ਰਾਮ॥	ਭੁੱਖ	Gur Aasaa Manasaa Pooreeaa Maeree Jindhurreeeae Har Miliaa Bhukh Sabh Jaaeae Raam ||	The Guru has fulfilled my hopes and desires, O my soul; meeting the Lord, all my hunger is satisfied.	ਹੇ ਮੇਰੀ ਸੋਹਣੀ ਜਿੰਦੇ! ਗੁਰੂ ਨੇ ਜਿਨ੍ਹਾਂ ਮਨੁੱਖਾਂ ਦੀ ਆਸਾ ਤੇ ਮਨ ਦਾ ਫੁਰਨਾ ਪੂਰਾ ਕਰ ਦਿੱਤਾ, ਉਹਨਾਂ ਨੂੰ ਪਰਮਾਤਮਾ ਮਿਲ ਪਿਆ, ਉਹਨਾਂ ਦੀ ਮਾਇਆ ਦੀ ਸਾਰੀ ਭੁੱਖ ਲਹਿ ਜਾਂਦੀ ਹੈ।
23975	539	ਧੁਰਿ ਮਸਤਕਿ ਹਰਿ ਪ੍ਰਭਿ ਲਿਖਿਆ ਮੇਰੀ ਜਿੰਦੁੜੀਏ ਜਨ ਨਾਨਕ ਹਰਿ ਗੁਣ ਗਾਏ ਰਾਮ॥੨॥		Dhhur Masathak Har Prabh Likhiaa Maeree Jindhurreeeae Jan Naanak Har Gun Gaaeae Raam ||2||	O servant Nanak, he alone sings the Glorious Praises of the Lord, O my soul, upon whose forehead God has inscribed such pre-ordained destiny. ||2||	ਹੇ ਦਾਸ ਨਾਨਕ! ਧੁਰ ਦਰਗਾਹ ਤੋਂ ਪਰਮਾਤਮਾ ਨੇ ਜਿਸ ਮਨੁੱਖ ਦੇ ਮੱਥੇ ਉੱਤੇ (ਸਿਮਰਨ ਦਾ ਲੇਖ) ਲਿਖ ਦਿੱਤਾ, ਉਹ ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੨॥

23976	539	ਹਮ ਪਾਪੀ ਬਲਵੰਚੀਆ ਮੇਰੀ ਜਿੰਦੁੜੀਏ ਪਰਦ੍ਰੋਹੀ ਠਗ ਮਾਇਆ ਰਾਮ॥	(ਬਲਵੰਚੀਆ) ਵਲ਼ ਫਰੇਬ ਕਰਨ ਵਾਲਾ। (ਪਰਦ੍ਰੋਹੀ) ਪਰਾਇਆਂ ਨਾਲ ਧ੍ਰੋਹ ਕਰਨ ਵਾਲਾ ਵਿਸਵਾਸ ਘਾਤੀ। ਠੱਗ	Ham Paapee Balavancheeaa Maeree Jindhurreeeae Paradhrohee Thag Maaeiaa Raam ||	I am a deceitful sinner, O my soul, a cheat, and a robber of others' wealth.	ਹੇ ਮੇਰੀ ਸੋਹਣੀ ਜਿੰਦੇ! ਅਸੀਂ ਜੀਵ ਪਾਪੀ ਹਾਂ, ਵਲ-ਛਲ ਕਰਨ ਵਾਲੇ ਹਾਂ, ਦੂਜਿਆਂ ਨਾਲ ਦਗ਼ਾ-ਫ਼ਰੇਬ ਕਰਨ ਵਾਲੇ ਹਾਂ, ਮਾਇਆ ਦੀ ਖ਼ਾਤਰ ਠੱਗੀਆਂ ਕਰਨ ਵਾਲੇ ਹਾਂ।
23977	539	ਵਡਭਾਗੀ ਗੁਰੁ ਪਾਇਆ ਮੇਰੀ ਜਿੰਦੁੜੀਏ ਗੁਰਿ ਪੂਰੈ ਗਤਿ ਮਿਤਿ ਪਾਇਆ ਰਾਮ॥		Vaddabhaagee Gur Paaeiaa Maeree Jindhurreeeae Gur Poorai Gath Mith Paaeiaa Raam ||	But, by great good fortune, I have found the Guru, O my soul; through the Perfect Guru, I have found the way to salvation.	ਹੇ ਮੇਰੀ ਸੋਹਣੀ ਜਿੰਦੇ! ਜਿਸ ਵੱਡੇ ਭਾਗਾਂ ਵਾਲੇ ਨੇ ਗੁਰੂ ਲੱਭ ਲਿਆ ਉਸਨੇ ਪੂਰੇ ਗੁਰੂ ਦੀ ਰਾਹੀਂ ਉੱਚੇ ਆਤਮਕ ਜੀਵਨ ਦੀ ਮਰਯਾਦਾ ਹਾਸਲ ਕਰ ਲਈ।
23978	539	ਗੁਰਿ ਅੰਮ੍ਰਿਤੁ ਹਰਿ ਮੁਖਿ ਚੋਇਆ ਮੇਰੀ ਜਿੰਦੁੜੀਏ ਫਿਰਿ ਮਰਦਾ ਬਹੁੜਿ ਜੀਵਾਇਆ ਰਾਮ॥		Gur Anmrith Har Mukh Choeiaa Maeree Jindhurreeeae Fir Maradhaa Bahurr Jeevaaeiaa Raam ||	The Guru has poured the Ambrosial Nectar of the Lord's Name into my mouth, O my soul, and now, my dead soul has come to life again.	ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਦੇ ਮੂੰਹ ਵਿਚ ਗੁਰੂ ਨੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਚੋਅ ਦਿੱਤਾ, ਉਸ ਆਤਮਕ ਮੌਤੇ ਮਰ ਰਹੇ ਮਨੁੱਖ ਨੂੰ ਗੁਰੂ ਨੇ ਮੁੜ ਆਤਮਕ ਜੀਵਨ ਬਖ਼ਸ਼ ਦਿੱਤਾ।

23979	539	ਜਨ ਨਾਨਕ ਸਤਿਗੁਰ ਜੋ ਮਿਲੇ ਮੇਰੀ ਜਿੰਦੁੜੀਏ ਤਿਨ ਕੇ ਸਭ ਦੁਖ ਗਵਾਇਆ ਰਾਮ॥੩॥		Jan Naanak Sathigur Jo Milae Maeree Jindhurreeeae Thin Kae Sabh Dhukh Gavaaeiaa Raam ||3||	O servant Nanak: those who meet the True Guru, O my soul, have all of their pains taken away. ||3||	ਹੇ ਦਾਸ ਨਾਨਕ! ਹੇ ਮੇਰੀ ਸੋਹਣੀ ਜਿੰਦੇ! ਜੇਹੜੇ ਮਨੁੱਖ ਗੁਰੂ ਨੂੰ ਮਿਲ ਪਏ, ਗੁਰੂ ਨੇ ਉਹਨਾਂ ਦੇ ਸਾਰੇ ਦੁੱਖ ਦੂਰ ਕਰ ਦਿੱਤੇ ॥੩॥
23980	539	ਅਤਿ ਊਤਮੁ ਹਰਿ ਨਾਮੁ ਹੈ ਮੇਰੀ ਜਿੰਦੁੜੀਏ ਜਿਤੁ ਜਪਿਐ ਪਾਪ ਗਵਾਤੇ ਰਾਮ॥		Ath Ootham Har Naam Hai Maeree Jindhurreeeae Jith Japiai Paap Gavaathae Raam ||	The Name of the Lord is sublime, O my soul; chanting it, one's sins are washed away.	ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦਾ ਨਾਮ ਬੜਾ ਹੀ ਸ੍ਰੇਸ਼ਟ ਹੈ, ਇਸ ਨਾਮ ਦੇ ਜਪਣ ਨਾਲ ਸਾਰੇ (ਪਿਛਲੇ) ਪਾਪ ਦੂਰ ਹੋ ਜਾਂਦੇ ਹਨ।
23981	539	ਪਤਿਤ ਪਵਿਤ੍ਰ ਗੁਰਿ ਹਰਿ ਕੀਏ ਮੇਰੀ ਜਿੰਦੁੜੀਏ ਚਹੁ ਕੁੰਡੀ ਚਹੁ ਜੁਗਿ ਜਾਤੇ ਰਾਮ॥	ਕੁੰਡੀਂ। ਜੁੱਗਿ	Pathith Pavithr Gur Har Keeeae Maeree Jindhurreeeae Chahu Kunddee Chahu Jug Jaathae Raam ||	The Guru, the Lord, has purified even the sinners, O my soul; now, they are famous and respected in the four directions and throughout the four ages.	ਹੇ ਮੇਰੀ ਸੋਹਣੀ ਜਿੰਦੇ! ਗੁਰੂ ਨੇ ਹਰਿ-ਨਾਮ ਦੇ ਕੇ ਵਿਕਾਰਾਂ ਵਿਚ ਡਿੱਗਿਆਂ ਹੋਇਆਂ ਨੂੰ ਭੀ ਪਵਿਤ੍ਰ ਬਣਾ ਦਿੱਤਾ, ਉਹ ਸਾਰੇ ਸੰਸਾਰ ਵਿਚ ਸਦਾ ਲਈ ਹੀ ਨਾਮਣੇ ਵਾਲੇ ਹੋ ਗਏ।

23982	539	ਹਉਮੈ ਮੈਲੁ ਸਭ ਉਤਰੀ ਮੇਰੀ ਜਿੰਦੁੜੀਏ ਹਰਿ ਅੰਮ੍ਰਿਤਿ ਹਰਿ ਸਰਿ ਨਾਤੇ ਰਾਮ॥	ਨ੍ਹਾਤੇ	Houmai Mail Sabh Outharee Maeree Jindhurreeeae Har Anmrith Har Sar Naathae Raam ||	The filth of egotism is totally wiped away, O my soul, by bathing in the Ambrosial Pool of the Lord's Name.	ਹੇ ਮੇਰੀ ਸੋਹਣੀ ਜਿੰਦੇ! ਜਿਨ੍ਹਾਂ ਮਨੁੱਖਾਂ ਨੇ ਆਤਮਕ ਜੀਵਨ ਦੇਣ ਵਾਲੇ ਹਰਿ-ਨਾਮ ਜਲ ਵਿਚ, ਹਰਿ-ਨਾਮ ਸਰੋਵਰ ਵਿਚ ਇਸ਼ਨਾਨ ਕੀਤਾ, ਉਹਨਾਂ ਦੀ ਹਉਮੈ ਦੀ ਸਾਰੀ ਮੈਲ ਲਹਿ ਗਈ।
23983	539	ਅਪਰਾਧੀ ਪਾਪੀ ਉਧਰੇ ਮੇਰੀ ਜਿੰਦੁੜੀਏ ਜਨ ਨਾਨਕ ਖਿਨੁ ਹਰਿ ਰਾਤੇ ਰਾਮ॥੪॥੩॥		Aparaadhhee Paapee Oudhharae Maeree Jindhurreeeae Jan Naanak Khin Har Raathae Raam ||4||3||	Even sinners are carried across, O my soul, if they are imbued with the Lord's Name, even for an instant, O servant Nanak. ||4||3||	ਹੇ ਦਾਸ ਨਾਨਕ! ਹੇ ਮੇਰੀ ਸੋਹਣੀ ਜਿੰਦੇ! ਜੇਹੜੇ ਵਿਕਾਰੀ ਤੇ ਪਾਪੀ ਭੀ ਇਕ ਖਿਨ ਵਾਸਤੇ ਹਰਿ-ਨਾਮ-ਰੰਗ ਵਿਚ ਰੰਗੇ ਗਏ, ਉਹ ਸੰਸਾਰ-ਸਮੁੰਦਰ ਵਿਚ ਡੁੱਬਣੋਂ ਬਚ ਗਏ ॥੪॥੩॥
23984	539	ਬਿਹਾਗੜਾ ਮਹਲਾ ੪॥		Bihaagarraa Mehalaa 4 ||	Bihaagraa, Fourth Mehl:	
23985	539	ਹਉ ਬਲਿਹਾਰੀ ਤਿਨ੍ ਕਉ ਮੇਰੀ ਜਿੰਦੁੜੀਏ ਜਿਨ੍ ਹਰਿ ਹਰਿ ਨਾਮੁ ਅਧਾਰੋ ਰਾਮ॥		Ho Balihaaree Thinh Ko Maeree Jindhurreeeae Jinh Har Har Naam Adhhaaro Raam ||	I am a sacrifice, O my soul, to those who take the Support of the Name of the Lord, Har, Har.	ਹੇ ਮੇਰੀ ਸੋਹਣੀ ਜਿੰਦੇ! ਮੈਂ ਉਹਨਾਂ ਤੋਂ ਕੁਰਬਾਨ ਹਾਂ ਜਿਨ੍ਹਾਂ ਨੇ ਪਰਾਮਤਮਾ ਦੇ ਨਾਮ ਨੂੰ (ਆਪਣੀ ਜ਼ਿੰਦਗੀ ਦਾ) ਆਸਰਾ ਬਣਾ ਲਿਆ ਹੈ।

23986	539	ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ਮੇਰੀ ਜਿੰਦੁੜੀਏ ਬਿਖੁ ਭਉਜਲੁ ਤਾਰਣਹਾਰੋ ਰਾਮ॥		Gur Sathigur Naam Dhrirraaeiaa Maeree Jindhurreeeae Bikh Bhoujal Thaaranehaaro Raam ||	The Guru, the True Guru, implanted the Name within me, O my soul, and He has carried me across the terrifying world-ocean of poison.	ਹੇ ਮੇਰੀ ਸੋਹਣੀ ਜਿੰਦੇ! ਗੁਰੂ ਨੇ, ਸਤਿਗੁਰੂ ਨੇ ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਪੱਕੀ ਤਰ੍ਹਾਂ ਟਿਕਾ ਦਿੱਤਾ ਹੈ। ਗੁਰੂ (ਮਾਇਆ ਦੇ ਮੋਹ ਦੇ) ਜ਼ਹਿਰ (-ਭਰੇ) ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੀ ਸਮਰੱਥਾ ਰੱਖਦਾ ਹੈ।
23987	539	ਜਿਨ ਇਕ ਮਨਿ ਹਰਿ ਧਿਆਇਆ ਮੇਰੀ ਜਿੰਦੁੜੀਏ ਤਿਨ ਸੰਤ ਜਨਾ ਜੈਕਾਰੋ ਰਾਮ॥		Jin Eik Man Har Dhhiaaeiaa Maeree Jindhurreeeae Thin Santh Janaa Jaikaaro Raam ||	Those who have meditated one-pointedly on the Lord, O my soul - I proclaim the Victory of those saintly beings.	ਹੇ ਮੇਰੀ ਸੋਹਣੀ ਜਿੰਦੇ! ਜਿਨ੍ਹਾਂ ਸੰਤ ਜਨਾਂ ਨੇ ਇਕ-ਮਨ ਹੋ ਕੇ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਹਨਾਂ ਦੀ (ਹਰ ਥਾਂ) ਸੋਭਾ-ਵਡਿਆਈ ਹੁੰਦੀ ਹੈ।
23988	540	ਨਾਨਕ ਹਰਿ ਜਪਿ ਸੁਖੁ ਪਾਇਆ ਮੇਰੀ ਜਿੰਦੁੜੀਏ ਸਭਿ ਦੂਖ ਨਿਵਾਰਣਹਾਰੋ ਰਾਮ॥੧॥		Naanak Har Jap Sukh Paaeiaa Maeree Jindhurreeeae Sabh Dhookh Nivaaranehaaro Raam ||1||	Nanak has found peace, meditating on the Lord, O my soul; the Lord is the Destroyer of all pain. ||1||	ਹੇ ਨਾਨਕ! ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦਾ ਨਾਮ ਜਪ ਕੇ ਸੁਖ ਮਿਲ ਜਾਂਦਾ ਹੈ, ਹਰਿ-ਨਾਮ ਸਾਰੇ ਦੁੱਖ ਦੂਰ ਕਰਨ ਦੀ ਸਮਰੱਥਾ ਵਾਲਾ ਹੈ ॥੧॥

23989	540	ਸਾ ਰਸਨਾ ਧਨੁ ਧੰਨੁ ਹੈ ਮੇਰੀ ਜਿੰਦੁੜੀਏ ਗੁਣ ਗਾਵੈ ਹਰਿ ਪ੍ਰਭ ਕੇਰੇ ਰਾਮ॥		Saa Rasanaa Dhhan Dhhann Hai Maeree Jindhurreeeae Gun Gaavai Har Prabh Kaerae Raam ||	Blessed, blessed is that tongue, O my soul, which sings the Glorious Praises of the Lord God.	ਹੇ ਮੇਰੀ ਸੋਹਣੀ ਜਿੰਦੇ! ਉਹ ਜੀਭ ਭਾਗਾਂ ਵਾਲੀ ਹੈ ਮੁਬਾਰਿਕ ਹੈ, ਜੇਹੜੀ (ਸਦਾ) ਪਰਾਮਤਮਾ ਦੇ ਗੁਣ ਗਾਂਦੀ ਰਹਿੰਦੀ ਹੈ।
23990	540	ਤੇ ਸ੍ਰਵਨ ਭਲੇ ਸੋਭਨੀਕ ਹਹਿ ਮੇਰੀ ਜਿੰਦੁੜੀਏ ਹਰਿ ਕੀਰਤਨੁ ਸੁਣਹਿ ਹਰਿ ਤੇਰੇ ਰਾਮ॥	ਹਹਿ	Thae Sravan Bhalae Sobhaneek Hehi Maeree Jindhurreeeae Har Keerathan Sunehi Har Thaerae Raam ||	Sublime and splendid are those ears, O my soul, which listen to the Kirtan of the Lord's Praises.	ਹੇ ਮੇਰੀ ਸੋਹਣੀ ਜਿੰਦੇ! ਹੇ ਪ੍ਰਭੂ! ਉਹ ਕੰਨ ਸੋਹਣੇ ਹਨ ਚੰਗੇ ਹਨ ਜੇਹੜੇ ਤੇਰੇ ਕੀਰਤਨ ਸੁਣਦੇ ਰਹਿੰਦੇ ਹਨ।
23991	540	ਸੋ ਸੀਸੁ ਭਲਾ ਪਵਿਤ੍ਰ ਪਾਵਨੁ ਹੈ ਮੇਰੀ ਜਿੰਦੁੜੀਏ ਜੋ ਜਾਇ ਲਗੈ ਗੁਰ ਪੈਰੇ ਰਾਮ॥	ਲੱਗੈ	So Sees Bhalaa Pavithr Paavan Hai Maeree Jindhurreeeae Jo Jaae Lagai Gur Pairae Raam ||	Sublime, pure and pious is that head, O my soul, which falls at the Guru's Feet.	ਹੇ ਮੇਰੀ ਸੋਹਣੀ ਜਿੰਦੇ! ਉਹ ਸਿਰ ਭਾਗਾਂ ਵਾਲਾ ਹੈ ਪਵਿਤ੍ਰ ਹੈ, ਜੇਹੜਾ ਗੁਰੂ ਦੇ ਚਰਨਾਂ ਵਿਚ ਜਾ ਲੱਗਦਾ ਹੈ।

23992	540	ਗੁਰ ਵਿਟਹੁ ਨਾਨਕੁ ਵਾਰਿਆ ਮੇਰੀ ਜਿੰਦੁੜੀਏ ਜਿਨਿ ਹਰਿ ਹਰਿ ਨਾਮੁ ਚਿਤੇਰੇ ਰਾਮ॥੨॥		Gur Vittahu Naanak Vaariaa Maeree Jindhurreeeae Jin Har Har Naam Chithaerae Raam ||2||	Nanak is a sacrifice to that Guru, O my soul; the Guru has placed the Name of the Lord, Har, Har, in my mind. ||2||	ਹੇ ਮੇਰੀ ਸੋਹਣੀ ਜਿੰਦੇ! ਨਾਨਕ (ਉਸ) ਗੁਰੂ ਤੋਂ ਕੁਰਬਾਨ ਜਾਂਦਾ ਹੈ ਜਿਸ ਨੇ ਪਰਮਾਤਮਾ ਦਾ ਨਾਮ ਚੇਤੇ ਕਰਾਇਆ ਹੈ ॥੨॥
23993	540	ਤੇ ਨੇਤ੍ਰ ਭਲੇ ਪਰਵਾਣੁ ਹਹਿ ਮੇਰੀ ਜਿੰਦੁੜੀਏ ਜੋ ਸਾਧੂ ਸਤਿਗੁਰੁ ਦੇਖਹਿ ਰਾਮ॥		Thae Naethr Bhalae Paravaan Hehi Maeree Jindhurreeeae Jo Saadhhoo Sathigur Dhaekhehi Raam ||	Blessed and approved are those eyes, O my soul, which gaze upon the Holy True Guru.	ਹੇ ਮੇਰੀ ਸੋਹਣੀ ਜਿੰਦੇ! ਉਹ ਅੱਖਾਂ ਭਲੀਆਂ ਹਨ ਸਫਲ ਹਨ ਜੋ ਗੁਰੂ ਦਾ ਦਰਸਨ ਕਰਦੀਆਂ ਰਹਿੰਦੀਆਂ ਹਨ।
23994	540	ਤੇ ਹਸਤ ਪੁਨੀਤ ਪਵਿਤ੍ਰ ਹਹਿ ਮੇਰੀ ਜਿੰਦੁੜੀਏ ਜੋ ਹਰਿ ਜਸੁ ਹਰਿ ਹਰਿ ਲੇਖਹਿ ਰਾਮ॥		Thae Hasath Puneeth Pavithr Hehi Maeree Jindhurreeeae Jo Har Jas Har Har Laekhehi Raam ||	Sacred and sanctified are those hands, O my soul, which write the Praises of the Lord, Har, Har.	ਹੇ ਮੇਰੀ ਸੋਹਣੀ ਜਿੰਦੇ! ਉਹ ਹੱਥ ਪਵਿਤ੍ਰ ਹਨ ਜੇਹੜੇ ਪਰਮਾਤਮਾ ਦੀ ਸਿਫ਼ਤ-ਸਾਲਾਹ ਲਿਖਦੇ ਰਹਿੰਦੇ ਹਨ।

23995	540	ਤਿਸੁ ਜਨ ਕੇ ਪਗ ਨਿਤ ਪੂਜੀਅਹਿ ਮੇਰੀ ਜਿੰਦੁੜੀਏ ਜੋ ਮਾਰਗਿ ਧਰਮ ਚਲੇਸਹਿ ਰਾਮ॥	ਪਗ:ਪੋਲਾ ਬੋਲੋ। ਪੂਜੀਅਹਿ। ਚਲੇਸਹਿ	This Jan Kae Pag Nith Poojeeahi Maeree Jindhurreeeae Jo Maarag Dhharam Chalaesehi Raam ||	I worship continually the feet of that humble being, O my soul, who walks on the Path of Dharma - the path of righteousness.	ਹੇ ਮੇਰੀ ਸੋਹਣੀ ਜਿੰਦੇ! ਉਸ ਮਨੁੱਖ ਦੇ (ਉਹ) ਪੈਰ ਸਦਾ ਪੂਜੇ ਜਾਂਦੇ ਹਨ ਜੇਹੜੇ (ਪੈਰ) ਧਰਮ ਦੇ ਰਾਹ ਉਤੇ ਤੁਰਦੇ ਰਹਿੰਦੇ ਹਨ।
23996	540	ਨਾਨਕੁ ਤਿਨ ਵਿਟਹੁ ਵਾਰਿਆ ਮੇਰੀ ਜਿੰਦੁੜੀਏ ਹਰਿ ਸੁਣਿ ਹਰਿ ਨਾਮੁ ਮਨੇਸਹਿ ਰਾਮ॥੩॥	ਮਨੇਸਹਿ	Naanak Thin Vittahu Vaariaa Maeree Jindhurreeeae Har Sun Har Naam Manaesehi Raam ||3||	Nanak is a sacrifice to those, O my soul, who hear of the Lord, and believe in the Lord's Name. ||3||	ਹੇ ਮੇਰੀ ਸੋਹਣੀ ਜਿੰਦੇ! ਨਾਨਕ ਉਹਨਾਂ (ਵਡ-ਭਾਗੀ) ਮਨੁੱਖਾਂ ਤੋਂ ਕੁਰਬਾਨ ਜਾਂਦਾ ਹੈ ਜੇਹੜੇ ਪਰਮਾਤਮਾ ਦਾ ਨਾਮ ਸੁਣ ਕੇ ਨਾਮ ਨੂੰ ਮੰਨਦੇ ਹਨ (ਜੀਵਨ-ਅਧਾਰ ਬਣਾ ਲੈਂਦੇ ਹਨ) ॥੩॥
23997	540	ਧਰਤਿ ਪਾਤਾਲੁ ਆਕਾਸੁ ਹੈ ਮੇਰੀ ਜਿੰਦੁੜੀਏ ਸਭ ਹਰਿ ਹਰਿ ਨਾਮੁ ਧਿਆਵੈ ਰਾਮ॥		Dhharath Paathaal Aakaas Hai Maeree Jindhurreeeae Sabh Har Har Naam Dhhiaavai Raam ||	The earth, the nether regions of the underworld, and the Akaashic ethers, O my soul, all meditate on the Name of the Lord, Har, Har.	ਹੇ ਮੇਰੀ ਸੋਹਣੀ ਜਿੰਦੇ! ਧਰਤੀ, ਪਾਤਾਲ, ਆਕਾਸ਼-ਹਰੇਕ ਹੀ ਪਰਮਾਤਮਾ ਦਾ ਨਾਮ ਸਿਮਰ ਰਿਹਾ ਹੈ।

23998	540	ਪਉਣੁ ਪਾਣੀ ਬੈਸੰਤਰੋ ਮੇਰੀ ਜਿੰਦੁੜੀਏ ਨਿਤ ਹਰਿ ਹਰਿ ਹਰਿ ਜਸੁ ਗਾਵੈ ਰਾਮ॥		Poun Paanee Baisantharo Maeree Jindhurreeeae Nith Har Har Har Jas Gaavai Raam ||	Wind, water and fire, O my soul, continually sing the Praises of the Lord, Har, Har, Har.	ਹੇ ਮੇਰੀ ਸੋਹਣੀ ਜਿੰਦੇ! ਹਵਾ ਪਾਣੀ, ਅੱਗ-ਹਰੇਕ ਤੱਤ ਭੀ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾ ਰਿਹਾ ਹੈ।
23999	540	ਵਣੁ ਤ੍ਰਿਣੁ ਸਭੁ ਆਕਾਰੁ ਹੈ ਮੇਰੀ ਜਿੰਦੁੜੀਏ ਮੁਖਿ ਹਰਿ ਹਰਿ ਨਾਮੁ ਧਿਆਵੈ ਰਾਮ॥		Van Thrin Sabh Aakaar Hai Maeree Jindhurreeeae Mukh Har Har Naam Dhhiaavai Raam ||	The woods, the meadows and the whole world, O my soul, chant with their mouths the Lord's Name, and meditate on the Lord.	ਹੇ ਮੇਰੀ ਸੋਹਣੀ ਜਿੰਦੇ! ਜੰਗਲ, ਘਾਹ, ਇਹ ਸਾਰਾ ਦਿੱਸਦਾ ਸੰਸਾਰ-ਆਪਣੇ ਮੂੰਹ ਨਾਲ ਹਰੇਕ ਹੀ ਪਰਮਾਤਮਾ ਦਾ ਨਾਮ ਜਪ ਰਿਹਾ ਹੈ।
24000	540	ਨਾਨਕ ਤੇ ਹਰਿ ਦਰਿ ਪੈਨ੍ਹਾਇਆ ਮੇਰੀ ਜਿੰਦੁੜੀਏ ਜੋ ਗੁਰਮੁਖਿ ਭਗਤਿ ਮਨੁ ਲਾਵੈ ਰਾਮ॥੪॥੪॥	(ਪੈਨ੍ਹਾਇਆ) ਸਤਿਕਾਰਿਆ	Naanak Thae Har Dhar Painhaaeiaa Maeree Jindhurreeeae Jo Guramukh Bhagath Man Laavai Raam ||4||4||	O Nanak, one who, as Gurmukh, focuses his consciousness on the Lord's devotional worship - O my soul, he is robed in honor in the Court of the Lord. ||4||4||	ਹੇ ਨਾਨਕ! ਹੇ ਮੇਰੀ ਸੋਹਣੀ ਜਿੰਦੇ! ਜੇਹੜਾ ਜੇਹੜਾ ਜੀਵ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਭਗਤੀ ਵਿਚ ਆਪਣਾ ਮਨ ਜੋੜਦਾ ਹੈ, ਉਹ ਸਾਰੇ ਪਰਾਮਤਮਾ ਦੇ ਦਰ ਤੇ ਸਤਕਾਰੇ ਜਾਂਦੇ ਹਨ ॥੪॥੪॥
24001	540	ਬਿਹਾਗੜਾ ਮਹਲਾ ੪॥		Bihaagarraa Mehalaa 4 ||	Bihaagraa, Fourth Mehl:	

24002	540	ਜਿਨ ਹਰਿ ਹਰਿ ਨਾਮੁ ਨ ਚੇਤਿਓ ਮੇਰੀ ਜਿੰਦੁੜੀਏ ਤੇ ਮਨਮੁਖ ਮੂੜ ਇਆਣੇ ਰਾਮ॥		Jin Har Har Naam N Chaethiou Maeree Jindhurreeeae Thae Manamukh Moorr Eiaanae Raam ||	Those who do not remember the Name of the Lord, Har, Har, O my soul - those self-willed manmukhs are foolish and ignorant.	ਹੇ ਮੇਰੀ ਸੋਹਣੀ ਜਿੰਦੇ! ਜਿਨ੍ਹਾਂ ਮਨੁੱਖਾਂ ਨੇ (ਕਦੇ) ਪਰਮਾਤਮਾ ਦਾ ਨਾਮ ਚੇਤੇ ਨਹੀਂ ਕੀਤਾ, ਉਹ ਆਪਣੇ ਹੀ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮੂਰਖ ਹਨ ਅੰਞਾਣ ਹਨ।
24003	540	ਜੋ ਮੋਹਿ ਮਾਇਆ ਚਿਤੁ ਲਾਇਦੇ ਮੇਰੀ ਜਿੰਦੁੜੀਏ ਸੇ ਅੰਤਿ ਗਏ ਪਛੁਤਾਣੇ ਰਾਮ॥		Jo Mohi Maaeiaa Chith Laaeidhae Maeree Jindhurreeeae Sae Anth Geae Pashhuthaanae Raam ||	Those who attach their consciousness to emotional attachment and Maya, O my soul, depart regretfully in the end.	ਹੇ ਮੇਰੀ ਸੋਹਣੀ ਜਿੰਦੇ! ਜੇਹੜੇ ਮਨੁੱਖ ਮਾਇਆ ਦੇ ਮੋਹ ਵਿਚ ਆਪਣਾ ਮਨ ਜੋੜੀ ਰੱਖਦੇ ਹਨ ਉਹ ਅਖ਼ੀਰ ਵੇਲੇ (ਇਥੋਂ) ਹੱਥ ਮਲਦੇ ਜਾਂਦੇ ਹਨ।
24004	540	ਹਰਿ ਦਰਗਹ ਢੋਈ ਨਾ ਲਹਨਿ ਮੇਰੀ ਜਿੰਦੁੜੀਏ ਜੋ ਮਨਮੁਖ ਪਾਪਿ ਲੁਭਾਣੇ ਰਾਮ॥	ਲਹਨਿ	Har Dharageh Dtoee Naa Lehanih Maeree Jindhurreeeae Jo Manamukh Paap Lubhaanae Raam ||	They find no place of rest in the Court of the Lord, O my soul; those self-willed manmukhs are deluded by sin.	ਹੇ ਮੇਰੀ ਸੋਹਣੀ ਜਿੰਦੇ! ਆਪਣੇ ਹੀ ਮਨ ਦੇ ਪਿੱਛੇ ਤੁਰਨ ਵਾਲੇ ਜੇਹੜੇ ਮਨੁੱਖ (ਸਦਾ) ਪਾਪ-ਕਰਮ ਵਿਚ ਫਸੇ ਰਹਿੰਦੇ ਹਨ ਉਹ ਪਰਮਾਤਮਾ ਦੀ ਦਰਗਾਹ ਵਿਚ ਆਸਰਾ ਪ੍ਰਾਪਤ ਨਹੀਂ ਕਰ ਸਕਦੇ।

24005	540	ਜਨ ਨਾਨਕ ਗੁਰ ਮਿਲਿ ਉਬਰੇ ਮੇਰੀ ਜਿੰਦੁੜੀਏ ਹਰਿ ਜਪਿ ਹਰਿ ਨਾਮਿ ਸਮਾਣੇ ਰਾਮ॥੧॥		Jan Naanak Gur Mil Oubarae Maeree Jindhurreeeae Har Jap Har Naam Samaanae Raam ||1||	O servant Nanak, those who meet the Guru are saved, O my soul; chanting the Name of the Lord, they are absorbed in the Name of the Lord. ||1||	ਹੇ ਦਾਸ ਨਾਨਕ! ਹੇ ਮੇਰੀ ਸੋਹਣੀ ਜਿੰਦੇ! ਗੁਰੂ ਨੂੰ ਮਿਲ ਕੇ (ਵਡ-ਭਾਗੀ ਮਨੁੱਖ ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦੇ ਹਨ (ਕਿਉਂਕਿ ਉਹ) ਪਰਮਾਤਮਾ ਦਾ ਨਾਮ ਜਪ ਕੇ ਪਰਮਾਤਮਾ ਦੇ ਨਾਮ ਵਿਚ ਮਗਨ ਰਹਿੰਦੇ ਹਨ ॥੧॥
24006	540	ਸਭਿ ਜਾਇ ਮਿਲਹੁ ਸਤਿਗੁਰੂ ਕਉ ਮੇਰੀ ਜਿੰਦੁੜੀਏ ਜੋ ਹਰਿ ਹਰਿ ਨਾਮੁ ਦ੍ਰਿੜਾਵੈ ਰਾਮ॥		Sabh Jaae Milahu Sathiguroo Ko Maeree Jindhurreeeae Jo Har Har Naam Dhrirraavai Raam ||	Go, everyone, and meet the True Guru; O my soul, He implants the Name of the Lord, Har, har, within the heart.	ਹੇ ਮੇਰੀ ਸੋਹਣੀ ਜਿੰਦੇ! ਸਾਰੇ ਗੁਰੂ ਨੂੰ ਜਾ ਮਿਲੋ ਕਿਉਂਕਿ ਉਹ (ਗੁਰੂ) ਪਰਮਾਤਮਾ ਦਾ ਨਾਮ ਹਿਰਦੇ ਵਿਚ ਪੱਕਾ ਕਰ ਦੇਂਦਾ ਹੈ।
24007	540	ਹਰਿ ਜਪਦਿਆ ਖਿਨੁ ਢਿਲ ਨ ਕੀਜਈ ਮੇਰੀ ਜਿੰਦੁੜੀਏ ਮਤੁ ਕਿ ਜਾਪੈ ਸਾਹੁ ਆਵੈ ਕਿ ਨ ਆਵੈ ਰਾਮ॥	ਕੀਜਈ	Har Japadhiaa Khin Dtil N Keejee Maeree Jindhurreeeae Math K Jaapai Saahu Aavai K N Aavai Raam ||	Do not hesitate for an instant - meditate on the Lord, O my soul; who knows whether he shall draw another breath?	ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਦਾ ਨਾਮ ਜਪਦਿਆਂ ਰਤਾ ਭਰ ਭੀ ਦੇਰ ਨਹੀਂ ਕਰਨੀ ਚਾਹੀਦੀ। ਕੀਹ ਪਤਾ ਹੈ! ਮਤਾਂ ਅਗਲਾ ਸਾਹ ਲਿਆ ਜਾਏ ਜਾਂ ਨਾਹ ਲਿਆ ਜਾਏ।

24008	540	ਸਾ ਵੇਲਾ ਸੋ ਮੂਰਤੁ ਸਾ ਘੜੀ ਸੋ ਮੁਹਤੁ ਸਫਲੁ ਹੈ ਮੇਰੀ ਜਿੰਦੁੜੀਏ ਜਿਤੁ ਹਰਿ ਮੇਰਾ ਚਿਤਿ ਆਵੈ ਰਾਮ॥		Saa Vaelaa So Moorath Saa Gharree So Muhath Safal Hai Maeree Jindhurreeeae Jith Har Maeraa Chith Aavai Raam ||	That time, that moment, that instant, that second is so fruitful, O my soul, when my Lord comes into my mind.	ਹੇ ਮੇਰੀ ਸੋਹਣੀ ਜਿੰਦੇ! ਉਹ ਵੇਲਾ ਭਾਗਾਂ ਵਾਲਾ ਹੈ, ਉਹ ਘੜੀ ਭਾਗਾਂ ਵਾਲੀ ਹੈ, ਉਹ ਸਮਾ ਭਾਗਾਂ ਵਾਲਾ ਹੈ, ਜਿਸ ਵੇਲੇ ਪਿਆਰਾ ਪਰਮਾਤਮਾ ਚਿੱਤ ਵਿਚ ਆ ਵੱਸਦਾ ਹੈ।
24009	540	ਜਨ ਨਾਨਕ ਨਾਮੁ ਧਿਆਇਆ ਮੇਰੀ ਜਿੰਦੁੜੀਏ ਜਮਕੰਕਰੁ ਨੇੜਿ ਨ ਆਵੈ ਰਾਮ॥੨॥		Jan Naanak Naam Dhhiaaeiaa Maeree Jindhurreeeae Jamakankar Naerr N Aavai Raam ||2||	Servant Nanak has meditated on the Naam, the Name of the Lord, O my soul, and now, the Messenger of Death does not draw near him. ||2||	ਹੇ ਦਾਸ ਨਾਨਕ! ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ (ਹਰ ਵੇਲੇ) ਸਿਮਰਿਆ ਹੈ, ਜਮ ਦੂਤ ਉਸ ਦੇ ਨੇੜੇ ਨਹੀਂ ਢੁੱਕਦਾ (ਮੌਤ ਦਾ ਡਰ ਉਸ ਨੂੰ ਪੋਹ ਨਹੀਂ ਸਕਦਾ, ਉਸ ਨੂੰ ਆਤਮਕ ਮੌਤ ਨਹੀਂ ਆਉਂਦੀ) ॥੨॥
24010	540	ਹਰਿ ਵੇਖੈ ਸੁਣੈ ਨਿਤ ਸਭੁ ਕਿਛੁ ਮੇਰੀ ਜਿੰਦੁੜੀਏ ਸੋ ਡਰੈ ਜਿਨਿ ਪਾਪ ਕਮਤੇ ਰਾਮ॥	ਕਮਤੇ:ਪੋਲਾ ਬੋਲੋ	Har Vaekhai Sunai Nith Sabh Kishh Maeree Jindhurreeeae So Ddarai Jin Paap Kamathae Raam ||	The Lord continually watches, and hears everything, O my soul; he alone is afraid, who commits sins.	ਹੇ ਮੇਰੀ ਸੋਹਣੀ ਜਿੰਦੇ! (ਜੇਹੜੇ ਕੰਮ ਅਸੀਂ ਕਰਦੇ ਹਾਂ, ਜੇਹੜੇ ਬੋਲ ਅਸੀਂ ਬੋਲਦੇ ਹਾਂ) ਪਰਮਾਤਮਾ ਉਹ ਸਭ ਕੁਝ ਸਦਾ ਵੇਖਦਾ ਰਹਿੰਦਾ ਹੈ, ਤੇ, ਸੁਣਦਾ ਰਹਿੰਦਾ ਹੈ।

24011	540	ਜਿਸੁ ਅੰਤਰੁ ਹਿਰਦਾ ਸੁਧੁ ਹੈ ਮੇਰੀ ਜਿੰਦੁੜੀਏ ਤਿਨਿ ਜਨਿ ਸਭਿ ਡਰ ਸੁਟਿ ਘਤੇ ਰਾਮ॥	ਘੱਤੇ	Jis Anthar Hiradhaa Sudhh Hai Maeree Jindhurreeeae Thin Jan Sabh Ddar Sutt Ghathae Raam ||	One whose heart is pure within, O my soul, casts off all his fears.	ਹੇ ਮੇਰੀ ਸੋਹਣੀ ਜਿੰਦੇ! ਜਿਸ (ਮਨੁੱਖ) ਦਾ ਅੰਦਰਲਾ ਹਿਰਦਾ ਪਵਿਤ੍ਰ ਹੈ, ਉਸ ਮਨੁੱਖ ਨੇ ਸਾਰੇ ਡਰ ਲਾਹ ਦਿੱਤੇ ਹੁੰਦੇ ਹਨ। ਜਿਸ ਮਨੁੱਖ ਨੇ (ਸਾਰੀ ਉਮਰ) ਪਾਪ ਕਮਾਏ ਹੁੰਦੇ ਹਨ, ਉਹ ਡਰਦਾ ਹੈ।
24012	540	ਹਰਿ ਨਿਰਭਉ ਨਾਮਿ ਪਤੀਜਿਆ ਮੇਰੀ ਜਿੰਦੁੜੀਏ ਸਭਿ ਝਖ ਮਾਰਨੁ ਦੁਸਟ ਕੁਪਤੇ ਰਾਮ॥	ਕੁਪੱਤੇ	Har Nirabho Naam Patheejiaa Maeree Jindhurreeeae Sabh Jhakh Maaran Dhusatt Kupathae Raam ||	One who has faith in the Fearless Name of the Lord, O my soul - all his enemies and attackers speak against him in vain.	ਜੇਹੜਾ ਮਨੁੱਖ ਨਿਰਭਉ ਪਰਮਾਤਮਾ ਦੇ ਨਾਮ ਵਿਚ ਗਿੱਝ ਜਾਂਦਾ ਹੈ, (ਕਾਮਾਦਿਕ) ਸਾਰੇ ਕੁਪੱਤੇ ਵੈਰੀ ਬੇਸ਼ਕ ਪਏ ਝਖਾਂ ਮਾਰਨ (ਉਸ ਮਨੁੱਖ ਦਾ ਕੁਝ ਵਿਗਾੜ ਨਹੀਂ ਸਕਦੇ)।
24013	541	ਗੁਰੁ ਪੂਰਾ ਨਾਨਕਿ ਸੇਵਿਆ ਮੇਰੀ ਜਿੰਦੁੜੀਏ ਜਿਨਿ ਪੈਰੀ ਆਣਿ ਸਭਿ ਘਤੇ ਰਾਮ॥੩॥	ਘੱਤੇ	Gur Pooraa Naanak Saeviaa Maeree Jindhurreeeae Jin Pairee Aan Sabh Ghathae Raam ||3||	Nanak has served the Perfect Guru, O my soul, who causes all to fall at His feet. ||3||	ਹੇ ਮੇਰੀ ਸੋਹਣੀ ਜਿੰਦੇ! ਨਾਨਕ ਨੇ ਉਸ ਪੂਰੇ ਗੁਰੂ ਦੀ ਸਰਨ ਲਈ ਹੈ ਜਿਸ ਨੇ ਸਾਰੇ (ਕੁਪੱਤੇ ਦੁਸ਼ਟ, ਸਰਨ ਆਏ ਮਨੁੱਖ ਦੇ) ਪੈਰਾਂ ਵਿਚ ਲਿਆ ਕੇ ਰੱਖ ਦਿੱਤੇ ਹਨ ॥੩॥

24014	541	ਸੋ ਐਸਾ ਹਰਿ ਨਿਤ ਸੇਵੀਐ ਮੇਰੀ ਜਿੰਦੁੜੀਏ ਜੋ ਸਭ ਦੂ ਸਾਹਿਬੁ ਵਡਾ ਰਾਮ॥		So Aisaa Har Nith Saeveeai Maeree Jindhurreeeae Jo Sabh Dhoo Saahib Vaddaa Raam ||	Serve such a Lord continuously, O my soul, who is the Great Lord and Master of all.	ਹੇ ਮੇਰੀ ਸੋਹਣੀ ਜਿੰਦੇ! ਸਦਾ ਉਸ ਪਰਮਾਤਮਾ ਦੀ ਸੇਵਾ-ਭਗਤੀ ਕਰਨੀ ਚਾਹੀਦੀ ਹੈ ਜੇਹੜਾ ਸਭ ਤੋਂ ਵੱਡਾ ਮਾਲਕ ਹੈ।
24015	541	ਜਿਨ੍ਹੀ ਇਕ ਮਨਿ ਇਕੁ ਅਰਾਧਿਆ ਮੇਰੀ ਜਿੰਦੁੜੀਏ ਤਿਨਾ ਨਾਹੀ ਕਿਸੈ ਦੀ ਕਿਛੁ ਚਡਾ ਰਾਮ॥	(ਚੱਡਾ) ਪਰਵਾਹ, ਕਾਨ ਕਨੋੜ	Jinhee Eik Man Eik Araadhhiaa Maeree Jindhurreeeae Thinaa Naahee Kisai Dhee Kishh Chaddaa Raam ||	Those who single-mindedly worship Him in adoration, O my soul, are not subservient to anyone.	ਹੇ ਮੇਰੀ ਸੋਹਣੀ ਜਿੰਦੇ! ਜਿਨ੍ਹਾਂ ਮਨੁੱਖਾਂ ਨੇ ਸੁਰਤਿ ਜੋੜ ਕੇ ਇਕ ਪਰਮਾਤਮਾ ਦਾ ਸਿਮਰਨ ਕੀਤਾ ਉਹਨਾਂ ਨੂੰ ਕਿਸੇ ਦੀ ਕੋਈ ਮੁਥਾਜੀ ਨਹੀਂ ਰਹਿ ਜਾਂਦੀ।
24016	541	ਗੁਰ ਸੇਵਿਐ ਹਰਿ ਮਹਲੁ ਪਾਇਆ ਮੇਰੀ ਜਿੰਦੁੜੀਏ ਝਖ ਮਾਰਨੁ ਸਭਿ ਨਿੰਦਕ ਘੰਡਾ ਰਾਮ॥	(ਘੰਡਾ) ਚਲਾਕ	Gur Saeviai Har Mehal Paaeiaa Maeree Jindhurreeeae Jhakh Maaran Sabh Nindhak Ghanddaa Raam ||	Serving the Guru, I have obtained the Mansion of the Lord's Presence, O my soul; all the slanderers and trouble-makers bark in vain.	ਹੇ ਮੇਰੀ ਸੋਹਣੀ ਜਿੰਦੇ! ਗੁਰੂ ਦੀ ਸਰਨ ਪਿਆਂ ਪਰਮਾਤਮਾ ਦਾ ਦਰ ਪ੍ਰਾਪਤ ਹੋ ਜਾਂਦਾ ਹੈ, (ਫਿਰ) ਸਾਰੇ ਹੀ ਚਾਲਾਕ ਨਿੰਦਕ ਪਏ ਜ਼ੋਰ ਲਾਣ (ਉਸ ਦਾ ਕੁਝ ਵਿਗਾੜ ਨਹੀਂ ਸਕਦੇ)।

24017	541	ਜਨ ਨਾਨਕ ਨਾਮੁ ਧਿਆਇਆ ਮੇਰੀ ਜਿੰਦੁੜੀਏ ਧੁਰਿ ਮਸਤਕਿ ਹਰਿ ਲਿਖਿ ਛਡਾ ਰਾਮ॥੪॥੫॥		Jan Naanak Naam Dhhiaaeiaa Maeree Jindhurreeeae Dhhur Masathak Har Likh Shhaddaa Raam ||4||5||	Servant Nanak has meditated on the Name, O my soul; such is the pre-ordained destiny which the Lord written on his forehead. ||4||5||	ਹੇ ਦਾਸ ਨਾਨਕ! ਹੇ ਮੇਰੀ ਸੋਹਣੀ ਜਿੰਦੇ! (ਉਹਨਾਂ ਮਨੁੱਖਾਂ ਨੇ ਹੀ) ਪਰਮਾਤਮਾ ਦਾ ਨਾਮ ਸਿਮਰਿਆ ਹੈ (ਜਿਨ੍ਹਾਂ ਦੇ) ਮੱਥੇ ਉੱਤੇ ਪਰਮਾਤਮਾ ਨੇ ਧੁਰ ਦਰਗਾਹ ਤੋਂ (ਸਿਮਰਨ ਦਾ) ਲੇਖ ਲਿਖ ਰੱਖਿਆ ਹੈ ॥੪॥੫॥
24018	541	ਬਿਹਾਗੜਾ ਮਹਲਾ ੪॥		Bihaagarraa Mehalaa 4 ||	Bihaagraa, Fourth Mehl:	
24019	541	ਸਭਿ ਜੀਅ ਤੇਰੇ ਤੂੰ ਵਰਤਦਾ ਮੇਰੇ ਹਰਿ ਪ੍ਰਭ ਤੂੰ ਜਾਣਹਿ ਜੋ ਜੀਇ ਕਮਾਈਐ ਰਾਮ॥	ਜੀਇ	Sabh Jeea Thaerae Thoon Varathadhaa Maerae Har Prabh Thoon Jaanehi Jo Jeee Kamaaeeai Raam ||	All beings are Yours - You permeate them all. O my Lord God, You know what they do in their hearts.	ਹੇ ਮੇਰੇ ਹਰੀ! ਹੇ ਮੇਰੇ ਪ੍ਰਭੂ (ਸ੍ਰਿਸ਼ਟੀ ਦੇ) ਸਾਰੇ ਜੀਵ ਤੇਰੇ (ਹੀ ਪੈਦਾ ਕੀਤੇ ਹੋਏ) ਹਨ, ਤੂੰ (ਸਭ ਜੀਵਾਂ ਵਿਚ) ਮੌਜੂਦ ਹੈਂ, ਜੋ ਕੁਝ (ਜੀਵਾਂ ਦੇ) ਜੀ ਵਿਚ ਚਿਤਾਰਿਆ ਜਾਂਦਾ ਹੈ ਤੂੰ (ਉਹ ਸਭ ਕੁਝ) ਜਾਣਦਾ ਹੈਂ।
24020	541	ਹਰਿ ਅੰਤਰਿ ਬਾਹਰਿ ਨਾਲਿ ਹੈ ਮੇਰੀ ਜਿੰਦੁੜੀਏ ਸਭ ਵੇਖੈ ਮਨਿ ਮੁਕਰਾਈਐ ਰਾਮ॥		Har Anthar Baahar Naal Hai Maeree Jindhurreeeae Sabh Vaekhai Man Mukaraaeeai Raam ||	The Lord is with them, inwardly and outwardly, O my soul; He sees everything, but the mortal denies the Lord in his mind.	ਹੇ ਮੇਰੀ ਸੋਹਣੀ ਜਿੰਦੇ! ਪਰਮਾਤਮਾ ਸਾਡੇ ਅੰਦਰ ਬਾਹਰ (ਹਰ ਥਾਂ ਸਾਡੇ) ਨਾਲ ਹੈ, ਜੋ ਕੁਝ ਸਾਡੇ ਮਨ ਵਿਚ ਹੁੰਦਾ ਹੈ ਉਹ ਸਭ ਵੇਖਦਾ ਹੈ, (ਪਰ ਫਿਰ ਭੀ) ਮੁਕਰ ਜਾਈਦਾ ਹੈ।

24021	541	ਮਨਮੁਖਾ ਨੋ ਹਰਿ ਦੂਰਿ ਹੈ ਮੇਰੀ ਜਿੰਦੁੜੀਏ ਸਭ ਬਿਰਥੀ ਘਾਲ ਗਵਾਈਐ ਰਾਮ॥		Manamukhaa No Har Dhoor Hai Maeree Jindhurreeeae Sabh Birathhee Ghaal Gavaaeeai Raam ||	The Lord is far away from the self-willed manmukhs, O my soul; all their efforts are in vain.	ਹੇ ਮੇਰੀ ਸੋਹਣੀ ਜਿੰਦੇ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਨੂੰ ਪਰਮਾਤਮਾ ਕਿਤੇ ਦੂਰ ਵੱਸਦਾ ਜਾਪਦਾ ਹੈ, ਉਹਨਾਂ ਦੀ ਕੀਤੀ ਹੋਈ ਮੇਹਨਤ ਵਿਅਰਥ ਚਲੀ ਜਾਂਦੀ ਹੈ।
24022	541	ਜਨ ਨਾਨਕ ਗੁਰਮੁਖਿ ਧਿਆਇਆ ਮੇਰੀ ਜਿੰਦੁੜੀਏ ਹਰਿ ਹਾਜਰੁ ਨਦਰੀ ਆਈਐ ਰਾਮ॥੧॥		Jan Naanak Guramukh Dhhiaaeiaa Maeree Jindhurreeeae Har Haajar Nadharee Aaeeai Raam ||1||	Servant Nanak, as Gurmukh, meditates on the Lord, O my soul; he beholds the Lord ever-present. ||1||	ਹੇ ਦਾਸ ਨਾਨਕ! ਹੇ ਮੇਰੀ ਸੋਹਣੀ ਜਿੰਦੇ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰਿਆ ਹੈ ਉਹਨਾਂ ਨੂੰ ਪਰਮਾਤਮਾ ਹਰ ਥਾਂ ਵੱਸਦਾ ਦਿੱਸਦਾ ਹੈ ॥੧॥
24023	541	ਸੇ ਭਗਤ ਸੇ ਸੇਵਕ ਮੇਰੀ ਜਿੰਦੁੜੀਏ ਜੋ ਪ੍ਰਭ ਮੇਰੇ ਮਨਿ ਭਾਣੇ ਰਾਮ॥		Sae Bhagath Sae Saevak Maeree Jindhurreeeae Jo Prabh Maerae Man Bhaanae Raam ||	They are devotees, and they are servants, O my soul, who are pleasing to the Mind of my God.	ਹੇ ਮੇਰੀ ਸੋਹਣੀ ਜਿੰਦੇ! ਉਹ ਮਨੁੱਖ (ਅਸਲ) ਭਗਤ ਹਨ (ਅਸਲ) ਸੇਵਕ ਹਨ ਜੋ ਪਿਆਰੇ ਪਰਮਾਤਮਾ ਦੇ ਮਨ ਵਿਚ ਚੰਗੇ ਲੱਗਦੇ ਹਨ।

24024	541	ਸੇ ਹਰਿ ਦਰਗਹ ਪੈਨਾਇਆ ਮੇਰੀ ਜਿੰਦੁੜੀਏ ਅਹਿ ਨਿਸਿ ਸਾਚਿ ਸਮਾਣੇ ਰਾਮ॥	ਪੈਨ੍ਹਾਇਆ	Sae Har Dharageh Painaaeiaa Maeree Jindhurreeeae Ahinis Saach Samaanae Raam ||	They are robed in honor in the Court of the Lord, O my soul; night and day, they remain absorbed in the True Lord.	ਹੇ ਮੇਰੀ ਸੋਹਣੀ ਜਿੰਦੇ! ਉਹ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਸਤਕਾਰੇ ਜਾਂਦੇ ਹਨ, ਉਹ ਦਿਨ ਰਾਤ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿੰਦੇ ਹਨ।
24025	541	ਤਿਨ ਕੈ ਸੰਗਿ ਮਲੁ ਉਤਰੈ ਮੇਰੀ ਜਿੰਦੁੜੀਏ ਰੰਗਿ ਰਾਤੇ ਨਦਰਿ ਨੀਸਾਣੇ ਰਾਮ॥	ਉੱਤਰੈ	Thin Kai Sang Mal Outharai Maeree Jindhurreeeae Rang Raathae Nadhar Neesaanae Raam ||	In their company, the filth of one's sins is washed away, O my soul; imbued with the Lord's Love, one comes to bear the Mark of His Grace.	ਹੇ ਮੇਰੀ ਸੋਹਣੀ ਜਿੰਦੇ! ਉਹਨਾਂ ਦੀ ਸੰਗਤ ਵਿਚ ਰਿਹਾਂ (ਮਨ ਤੋਂ ਵਿਕਾਰਾਂ ਦੀ) ਮੈਲ ਲਹਿ ਜਾਂਦੀ ਹੈ ਉਹ ਸਦਾ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ। ਉਹਨਾਂ ਦੇ ਮੱਥੇ ਉੱਤੇ ਪ੍ਰਭੂ ਦੀ ਮੇਹਰ ਦੀ ਨਿਗਾਹ ਦਾ ਨਿਸ਼ਾਨ ਹੁੰਦਾ ਹੈ।
24026	541	ਨਾਨਕ ਕੀ ਪ੍ਰਭ ਬੇਨਤੀ ਮੇਰੀ ਜਿੰਦੁੜੀਏ ਮਿਲਿ ਸਾਧੂਸੰਗਿ ਅਘਾਣੇ ਰਾਮ॥੨॥	(ਅਘਾਣੇ) ਤ੍ਰਿਪਤ	Naanak Kee Prabh Baenathee Maeree Jindhurreeeae Mil Saadhhoo Sang Aghaanae Raam ||2||	Nanak offers his prayer to God, O my soul; joining the Saadh Sangat, the Company of the Holy, he is satisfied. ||2||	ਹੇ ਮੇਰੀ ਸੋਹਣੀ ਜਿੰਦੇ! ਹੇ ਪ੍ਰਭੂ! ਨਾਨਕ ਦੀ ਇਹ ਅਰਜ਼ੋਈ ਹੈ (ਕਿ ਨਾਨਕ) ਗੁਰੂ ਦੀ ਸੰਗਤ ਵਿਚ ਰਹੇ, ਇੰਜ (ਮਾਇਆ ਦੀ ਤ੍ਰਿਸਨਾ ਵਲੋਂ) ਰੱਜੇ ਰਹੀਦਾ ਹੈ ॥੨॥

24027	541	ਹੇ ਰਸਨਾ ਜਪਿ ਗੋਬਿੰਦੋ ਮੇਰੀ ਜਿੰਦੁੜੀਏ ਜਪਿ ਹਰਿ ਹਰਿ ਤ੍ਰਿਸਨਾ ਜਾਏ ਰਾਮ॥		Hae Rasanaa Jap Gobindho Maeree Jindhurreeeae Jap Har Har Thrisanaa Jaaeae Raam ||	O tongue, chant the Name of God; O my soul, chanting the Name of the Lord, Har, Har, your desires shall be extinguished.	ਹੇ ਮੇਰੀ ਸੋਹਣੀ ਜਿੰਦੇ! ਹੇ ਮੇਰੀ ਜੀਭ! ਪਰਮਾਤਮਾ ਦਾ ਨਾਮ ਜਪਿਆ ਕਰ, ਹਰਿ-ਨਾਮ ਜਪ ਜਪ ਕੇ ਮਾਇਆ ਦਾ ਲਾਲਚ ਦੂਰ ਹੋ ਜਾਂਦਾ ਹੈ।
24028	541	ਜਿਸੁ ਦਇਆ ਕਰੇ ਮੇਰਾ ਪਾਰਬ੍ਰਹਮੁ ਮੇਰੀ ਜਿੰਦੁੜੀਏ ਤਿਸੁ ਮਨਿ ਨਾਮੁ ਵਸਾਏ ਰਾਮ॥	ਦਇਆ	Jis Dhaeiaa Karae Maeraa Paarabreham Maeree Jindhurreeeae This Man Naam Vasaaeae Raam ||	He, unto whom my Supreme Lord God shows Mercy, O my soul, enshrines the Name in his mind.	ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਉਤੇ ਪਰਮਾਤਮਾ ਕਿਰਪਾ ਕਰਦਾ ਹੈ, ਉਸ ਦੇ ਮਨ ਵਿਚ ਆਪਣਾ ਨਾਮ ਵਸਾ ਦੇਂਦਾ ਹੈ,
24029	541	ਜਿਸੁ ਭੇਟੇ ਪੂਰਾ ਸਤਿਗੁਰੂ ਮੇਰੀ ਜਿੰਦੁੜੀਏ ਸੋ ਹਰਿ ਧਨੁ ਨਿਧਿ ਪਾਏ ਰਾਮ॥		Jis Bhaettae Pooraa Sathiguroo Maeree Jindhurreeeae So Har Dhhan Nidhh Paaeae Raam ||	One who meets the Perfect True Guru, O my soul, obtains the treasure of the Lord's wealth.	ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, ਉਹ ਪ੍ਰਭੂ ਦਾ ਨਾਮ-ਧਨ ਨਾਮ-ਖ਼ਜ਼ਾਨਾ ਲੱਭ ਲੈਂਦਾ ਹੈ।

24030	541	ਵਡਭਾਗੀ ਸੰਗਤਿ ਮਿਲੈ ਮੇਰੀ ਜਿੰਦੁੜੀਏ ਨਾਨਕ ਹਰਿ ਗੁਣ ਗਾਏ ਰਾਮ॥੩॥		Vaddabhaagee Sangath Milai Maeree Jindhurreeeae Naanak Har Gun Gaaeae Raam ||3||	By great good fortune, one joins the Company of the Holy, O my soul. O Nanak, sing the Glorious Praises of the Lord. ||3||	ਹੇ ਨਾਨਕ! ਹੇ ਮੇਰੀ ਸੋਹਣੀ ਜਿੰਦੇ! ਜਿਸ ਮਨੁੱਖ ਨੂੰ ਵੱਡੇ ਭਾਗਾਂ ਨਾਲ ਗੁਰੂ ਦੀ ਸੰਗਤ ਪ੍ਰਾਪਤ ਹੁੰਦੀ ਹੈ ਉਹ (ਸਦਾ) ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ ॥੩॥
24031	541	ਥਾਨ ਥਨੰਤਰਿ ਰਵਿ ਰਹਿਆ ਮੇਰੀ ਜਿੰਦੁੜੀਏ ਪਾਰਬ੍ਰਹਮੁ ਪ੍ਰਭੁ ਦਾਤਾ ਰਾਮ॥		Thhaan Thhananthar Rav Rehiaa Maeree Jindhurreeeae Paarabreham Prabh Dhaathaa Raam ||	In the places and interspaces, O my soul, the Supreme Lord God, the Great Giver, is pervading.	ਹੇ ਮੇਰੀ ਸੋਹਣੀ ਜਿੰਦੇ! ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਪ੍ਰਭੂ ਪਰਮਾਤਮਾ ਹਰੇਕ ਥਾਂ ਤੇ ਹਰ ਸਰੀਰ ਵਿਚ ਵੱਸ ਰਿਹਾ ਹੈ।
24032	541	ਤਾ ਕਾ ਅੰਤੁ ਨ ਪਾਈਐ ਮੇਰੀ ਜਿੰਦੁੜੀਏ ਪੂਰਨ ਪੁਰਖੁ ਬਿਧਾਤਾ ਰਾਮ॥		Thaa Kaa Anth N Paaeeai Maeree Jindhurreeeae Pooran Purakh Bidhhaathaa Raam ||	His limits cannot be found, O my soul; He is the Perfect Architect of Destiny.	ਹੇ ਮੇਰੀ ਸੋਹਣੀ ਜਿੰਦੇ! ਉਸ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ ਤੇ ਉਹ ਪੂਰੇ ਗੁਣਾ ਦਾ ਮਾਲਕ ਸਭ ਨੂੰ ਪੈਦਾ ਕਰਨ ਵਾਲਾ ਹੈ।

24033	541	ਸਰਬ ਜੀਆ ਪ੍ਰਤਿਪਾਲਦਾ ਮੇਰੀ ਜਿੰਦੁੜੀਏ ਜਿਉ ਬਾਲਕ ਪਿਤ ਮਾਤਾ ਰਾਮ॥		Sarab Jeeaa Prathipaaladhaa Maeree Jindhurreeeae Jio Baalak Pith Maathaa Raam ||	He cherishes all beings, O my soul, as the mother and father cherish their child.	ਹੇ ਮੇਰੀ ਸੋਹਣੀ ਜਿੰਦੇ! ਉਹ ਸਾਰੇ ਜੀਆਂ ਦੀ ਦੇਖ-ਭਾਲ ਕਰਦਾ ਹੈ ਜਿਵੇਂ ਮਾਪੇ ਆਪਣੇ ਬੱਚਿਆਂ ਨੂੰ ਪਾਲਦੇ ਹਨ।
24034	541	ਸਹਸ ਸਿਆਣਪ ਨਹ ਮਿਲੈ ਮੇਰੀ ਜਿੰਦੁੜੀਏ ਜਨ ਨਾਨਕ ਗੁਰਮੁਖਿ ਜਾਤਾ ਰਾਮ॥੪॥੬॥ਛਕਾ ੧॥	ਛੇ ਸਬਦ ਇੱਕ ਛੱਕਾ। ਛੱਕਾ ਇੱਕ ਬੋਲੋ	Sehas Siaanap Neh Milai Maeree Jindhurreeeae Jan Naanak Guramukh Jaathaa Raam ||4||6||	By thousands of clever tricks, He cannot be obtained, O my soul; servant Nanak, as Gurmukh, has come to know the Lord. ||4||6||	ਹੇ ਦਾਸ ਨਾਨਕ! ਹੇ ਮੇਰੀ ਸੋਹਣੀ ਜਿੰਦੇ! ਹਜ਼ਾਰਾਂ ਚਤੁਰਾਈਆਂ ਨਾਲ ਉਹ ਪਰਮਾਤਮਾ ਨਹੀਂ ਮਿਲ ਸਕਦਾ, ਗੁਰੂ ਦੀ ਸਰਨ ਪਿਆਂ ਉਸ ਨਾਲ ਡੂੰਘੀ ਸਾਂਝ ਪੈ ਜਾਂਦੀ ਹੈ ॥੪॥੬॥ ਛੇ ਪਦਾਂ ਦਾ 1 ਜੋੜ।
24035	541	ਬਿਹਾਗੜਾ ਮਹਲਾ ੫ ਛੰਤ ਘਰੁ ੧	ਘਰੁ ਪਹਿਲਾ	Bihaagarraa Mehalaa 5 Shhanth Ghar 1	Bihaagraa, Fifth Mehl, Chhant, First House:	ਰਾਗ ਬੇਹਾਗੜਾ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ'।
24036	541	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

24037	541	ਹਰਿ ਕਾ ਏਕੁ ਅਚੰਭਉ ਦੇਖਿਆ ਮੇਰੇ ਲਾਲ ਜੀਉ ਜੋ ਕਰੇ ਸੁ ਧਰਮ ਨਿਆਏ ਰਾਮ॥		Har Kaa Eaek Achanbho Dhaekhiaa Maerae Laal Jeeo Jo Karae S Dhharam Niaaeae Raam ||	I have seen one miracle of the Lord, O my Dear Beloved - whatever He does is righteous and just.	ਹੇ ਮੇਰੇ ਪਿਆਰੇ! ਮੈਂ ਪਰਮਾਤਮਾ ਦਾ ਇਕ ਅਚਰਜ ਤਮਾਸ਼ਾ ਵੇਖਿਆ ਹੈ ਕਿ ਉਹ ਜੋ ਕੁਝ ਕਰਦਾ ਹੈ ਧਰਮ ਅਨੁਸਾਰ ਕਰਦਾ ਹੈ, ਨਿਆਂ ਅਨੁਸਾਰ ਕਰਦਾ ਹੈ।
24038	541	ਹਰਿ ਰੰਗੁ ਅਖਾੜਾ ਪਾਇਓਨੁ ਮੇਰੇ ਲਾਲ ਜੀਉ ਆਵਣੁ ਜਾਣੁ ਸਬਾਏ ਰਾਮ॥		Har Rang Akhaarraa Paaeioun Maerae Laal Jeeo Aavan Jaan Sabaaeae Raam ||	The Lord has fashioned this beautiful arena, O my Dear Beloved, where all come and go.	ਹੇ ਮੇਰੇ ਪਿਆਰੇ! (ਇਹ ਜਗਤ) ਉਸ ਪਰਮਾਤਮਾ ਨੇ ਇਕ ਪਿੜ ਬਣਾ ਦਿੱਤਾ ਹੈ, ਇਕ ਰੰਗ-ਭੂਮੀ ਰਚ ਦਿੱਤੀ ਹੈ ਜਿਸ ਵਿਚ ਜੀਵਾਂ ਲਈ ਜੰਮਣਾ ਮਰਨਾ ਭੀ ਨਿਯਤ ਕਰ ਦਿੱਤਾ ਹੈ।
24039	542	ਆਵਣੁ ਤ ਜਾਣਾ ਤਿਨਹਿ ਕੀਆ ਜਿਨਿ ਮੇਦਨਿ ਸਿਰਜੀਆ॥	(ਮੇਦਨਿ) ਸ੍ਰਿਸ਼ਟੀ	Aavan Th Jaanaa Thinehi Keeaa Jin Maedhan Sirajeeaa ||	The One who fashioned the world causes them to come and go.	(ਜਗਤ ਵਿਚ ਜੀਵਾਂ ਦਾ) ਜੰਮਣਾ ਮਰਨਾ ਉਸੇ ਪਰਮਾਤਮਾ ਨੇ ਬਣਾਇਆ ਹੈ ਜਿਸ ਨੇ ਇਹ ਜਗਤ ਪੈਦਾ ਕੀਤਾ ਹੈ।

24040	542	ਇਕਨਾ ਮੇਲਿ ਸਤਿਗੁਰੁ ਮਹਲਿ ਬੁਲਾਏ ਇਕਿ ਭਰਮਿ ਭੂਲੇ ਫਿਰਦਿਆ॥		Eikanaa Mael Sathigur Mehal Bulaaeae Eik Bharam Bhoolae Firadhiaa ||	Some meet the True Guru - the Lord invites them into the Mansion of His Presence; others wander around, deluded by doubt.	ਕਈ ਜੀਵਾਂ ਨੂੰ ਗੁਰੂ ਮਿਲਾ ਕੇ ਪ੍ਰਭੂ ਆਪਣੀ ਹਜ਼ੂਰੀ ਵਿਚ ਟਿਕਾ ਲੈਂਦਾ ਹੈ, ਤੇ, ਕਈ ਜੀਵ ਭਟਕਣਾ ਵਿਚ ਪੈ ਕੇ ਕੁਰਾਹੇ ਪਏ ਫਿਰਦੇ ਹਨ।
24041	542	ਅੰਤੁ ਤੇਰਾ ਤੂੰਹੈ ਜਾਣਹਿ ਤੂੰ ਸਭ ਮਹਿ ਰਹਿਆ ਸਮਾਏ॥		Anth Thaeraa Thoonhai Jaanehi Thoon Sabh Mehi Rehiaa Samaaeae ||	You alone know Your limits; You are contained in all.	ਹੇ ਪ੍ਰਭੂ! ਆਪਣੇ (ਗੁਣਾਂ ਦਾ) ਅੰਤ ਤੂੰ ਆਪ ਹੀ ਜਾਣਦਾ ਹੈਂ, ਤੂੰ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਹੈਂ।
24042	542	ਸਚੁ ਕਹੈ ਨਾਨਕੁ ਸੁਣਹੁ ਸੰਤਹੁ ਹਰਿ ਵਰਤੈ ਧਰਮ ਨਿਆਏ॥੧॥		Sach Kehai Naanak Sunahu Santhahu Har Varathai Dhharam Niaaeae ||1||	Nanak speaks the Truth: listen, Saints - the Lord dispenses even-handed justice. ||1||	ਹੇ ਸੰਤ ਜਨੋ! ਸੁਣੋ, ਨਾਨਕ ਇਕ ਅਟੱਲ ਨਿਯਮ ਦੱਸਦਾ ਹੈ (ਕਿ) ਪਰਮਾਤਮਾ ਧਰਮ ਅਨੁਸਾਰ ਨਿਆਂ ਅਨੁਸਾਰ ਦੁਨੀਆ ਦੀ ਕਾਰ ਚਲਾ ਰਿਹਾ ਹੈ ॥੧॥
24043	542	ਆਵਹੁ ਮਿਲਹੁ ਸਹੇਲੀਹੋ ਮੇਰੇ ਲਾਲ ਜੀਉ ਹਰਿ ਹਰਿ ਨਾਮੁ ਅਰਾਧੇ ਰਾਮ॥		Aavahu Milahu Sehaeleeho Maerae Laal Jeeo Har Har Naam Araadhhae Raam ||	Come and join me, O my beautiful dear beloveds; let's worship the Name of the Lord, Har, Har.	ਹੇ ਸੰਤ-ਜਨ ਸਹੇਲੀਹੋ! ਹੇ ਮੇਰੇ ਪਿਆਰੇ! ਆਓ, ਰਲ ਕੇ ਸੰਤ-ਸੰਗ ਵਿਚ ਬੈਠੇ ਤੇ ਪਰਮਾਤਮਾ ਦਾ ਨਾਮ ਸਦਾ ਸਿਮਰਨ ਕਰੋ।

24044	542	ਕਰਿ ਸੇਵਹੁ ਪੂਰਾ ਸਤਿਗੁਰੂ ਮੇਰੇ ਲਾਲ ਜੀਉ ਜਮ ਕਾ ਮਾਰਗੁ ਸਾਧੇ ਰਾਮ॥	ਸਾੱਧੇ	Kar Saevahu Pooraa Sathiguroo Maerae Laal Jeeo Jam Kaa Maarag Saadhhae Raam ||	Let's serve the Perfect True Guru, O my dear beloveds, and clear away the Path of Death.	ਹੇ ਮੇਰੇ ਪਿਆਰੇ! ਗੁਰੂ ਨੂੰ ਅਭੁੱਲ ਮੰਨ ਕੇ ਗੁਰੂ ਦੀ ਸਰਨ ਪਵੋ ਇੰਜ ਜਮ ਦੇ ਰਸਤੇ ਨੂੰ (ਆਤਮਕ ਮੌਤ) ਨੂੰ ਚੰਗਾ ਬਣਾ ਲਵੋ।
24045	542	ਮਾਰਗੁ ਬਿਖੜਾ ਸਾਧਿ ਗੁਰਮੁਖਿ ਹਰਿ ਦਰਗਹ ਸੋਭਾ ਪਾਈਐ॥		Maarag Bikharraa Saadhh Guramukh Har Dharageh Sobhaa Paaeeai ||	Having cleared the treacherous path, as Gurmukhs, we shall obtain honor in the Court of the Lord.	ਗੁਰੂ ਦੀ ਸਰਨ ਪੈ ਕੇ ਔਖੇ ਜੀਵਨ-ਰਾਹ ਨੂੰ ਸੋਹਣਾ ਬਣਾ ਕੇ ਪਰਮਾਤਮਾ ਦੀ ਹਜ਼ੂਰੀ ਵਿਚ ਸੋਭਾ ਖੱਟ ਸਕੀਦੀ ਹੈ।
24046	542	ਜਿਨ ਕਉ ਬਿਧਾਤੈ ਧੁਰਹੁ ਲਿਖਿਆ ਤਿਨ੍ਹਾ ਰੈਣਿ ਦਿਨੁ ਲਿਵ ਲਾਈਐ॥		Jin Ko Bidhhaathai Dhhurahu Likhiaa Thinhaa Rain Dhin Liv Laaeeai ||	Those who have such pre-ordained destiny, lovingly focus their consciousness on the Lord, night and day.	(ਪਰ) ਜਿਨ੍ਹਾਂ ਮਨੁੱਖਾਂ ਦੇ ਮੱਥੇ ਤੇ ਆਪਣੀ ਹਜ਼ੂਰੀ ਤੋਂ ਕਰਤਾਰ ਨੇ (ਭਗਤੀ ਦਾ ਲੇਖ) ਲਿਖ ਦਿੱਤਾ ਹੈ, ਉਹਨਾਂ ਮਨੁੱਖਾਂ ਦੀ ਸੁਰਤਿ ਦਿਨ ਰਾਤ (ਪ੍ਰਭੂ-ਚਰਨਾਂ ਵਿਚ) ਲਗੀ ਰਹਿੰਦੀ ਹੈ।
24047	542	ਹਉਮੈ ਮਮਤਾ ਮੋਹੁ ਛੁਟਾ ਜਾ ਸੰਗਿ ਮਿਲਿਆ ਸਾਧੇ॥	ਸਾਧੇ:ਪੋਲਾ ਬੋਲੋ	Houmai Mamathaa Mohu Shhuttaa Jaa Sang Miliaa Saadhhae ||	Self-conceit, egotism and emotional attachment are eradicated when one joins the Saadh Sangat, the Company of the Holy.	ਜਦੋਂ ਮਨੁੱਖ ਗੁਰੂ ਦੀ ਸੰਗਤ ਵਿਚ ਮਿਲਦਾ ਹੈ ਤਦੋਂ ਉਸ ਦੇ ਅੰਦਰੋਂ ਹਉਮੈ ਮਮਤਾ (ਅਪਣੱਤ) ਦੂਰ ਹੋ ਜਾਂਦੀ ਹੈ, ਮੋਹ ਮੁੱਕ ਜਾਂਦਾ ਹੈ।

24048	542	ਜਨੁ ਕਹੈ ਨਾਨਕੁ ਮੁਕਤੁ ਹੋਆ ਹਰਿ ਹਰਿ ਨਾਮੁ ਅਰਾਧੇ॥੨॥		Jan Kehai Naanak Mukath Hoaa Har Har Naam Araadhhae ||2||	Says servant Nanak, one who contemplates the Name of the Lord, Har, Har, is liberated. ||2||	ਦਾਸ ਨਾਨਕ ਆਖਦਾ ਹੈ ਕਿ ਸਦਾ ਪਰਮਾਤਮਾ ਦਾ ਨਾਮ ਸਿਮਰ ਕੇ ਮਨੁੱਖ (ਹਉਮੈ ਮਮਤਾ ਮੋਹ ਆਦਿਕ ਦੇ ਪ੍ਰਭਾਵ ਤੋਂ) ਸੁਤੰਤਰ ਹੋ ਜਾਂਦਾ ਹੈ ॥੨॥
24049	542	ਕਰ ਜੋੜਿਹੁ ਸੰਤ ਇਕਤ੍ਰ ਹੋਇ ਮੇਰੇ ਲਾਲ ਜੀਉ ਅਬਿਨਾਸੀ ਪੁਰਖੁ ਪੂਜੇਹਾ ਰਾਮ॥		Kar Jorrihu Santh Eikathr Hoe Maerae Laal Jeeo Abinaasee Purakh Poojaehaa Raam ||	Let's join hands, O Saints; let's come together, O my dear beloveds, and worship the imperishable, Almighty Lord.	ਹੇ ਮੇਰੇ ਪਿਆਰੇ! ਹੇ ਸੰਤ ਜਨੋ! (ਸਾਧ ਸੰਗਤ ਵਿਚ) ਇਕੱਠੇ ਹੋ ਕੇ ਪਰਮਾਤਮਾ ਅੱਗੇ ਦੋਵੇਂ ਹੱਥ ਜੋੜਿਆ ਕਰੋ, ਤੇ, ਉਸ ਨਾਸ-ਰਹਿਤ ਸਰਬ-ਵਿਆਪਕ ਪਰਮਾਤਮਾ ਦੀ ਭਗਤੀ ਕਰਿਆ ਕਰੋ।
24050	542	ਬਹੁ ਬਿਧਿ ਪੂਜਾ ਖੋਜੀਆ ਮੇਰੇ ਲਾਲ ਜੀਉ ਇਹੁ ਮਨੁ ਤਨੁ ਸਭੁ ਅਰਪੇਹਾ ਰਾਮ॥	ਬਿਧਿ,ਪੂਜਾ ਪੋਲਾ ਬੋਲੋ। ਖੋਜੀਆਂ	Bahu Bidhh Poojaa Khojeeaa Maerae Laal Jeeo Eihu Man Than Sabh Arapaehaa Raam ||	I sought Him through uncounted forms of adoration, O my dear beloveds; now, I dedicate my entire mind and body to the Lord.	ਹੇ ਮੇਰੇ ਪਿਆਰੇ! ਮੈਂ ਹੋਰ ਕਈ ਕਿਸਮਾਂ ਦੀ ਪੂਜਾ-ਭੇਟਾ ਭਾਲ ਵੇਖੀ ਹੈ (ਪਰ ਸਭ ਤੋਂ ਸ੍ਰੇਸ਼ਟ ਪੂਜਾ ਇਹ ਹੈ ਕਿ) ਆਪਣਾ ਇਹ ਮਨ ਇਹ ਸਰੀਰ ਸਭ ਭੇਟਾ ਕਰ ਦੇਣਾ ਚਾਹੀਦਾ ਹੈ।
24051	542	ਮਨੁ ਤਨੁ ਧਨੁ ਸਭੁ ਪ੍ਰਭੂ ਕੇਰਾ ਕਿਆ ਕੋ ਪੂਜ ਚੜਾਵਏ॥	ਚੜ੍ਹਾਵਏ	Man Than Dhhan Sabh Prabhoo Kaeraa Kiaa Ko Pooj Charraaveae ||	The mind, body and all wealth belong to God; so what can anyone offer to Him in worship?	(ਫਿਰ ਭੀ, ਮਾਣ ਕਾਹਦਾ?) ਇਹ ਮਨ, ਇਹ ਸਰੀਰ, ਇਹ ਧਨ ਸਭ ਪਰਮਾਤਮਾ ਦਾ ਦਿੱਤਾ ਹੋਇਆ ਹੈ, (ਸੋ,) ਕੋਈ ਮਨੁੱਖ (ਆਪਣੀ ਮਲਕੀਅਤ ਦੀ) ਕੇਹੜੀ ਚੀਜ਼ ਭੇਟਾ ਕਰ ਸਕਦਾ ਹੈ?

24052	542	ਜਿਸੁ ਹੋਇ ਕ੍ਰਿਪਾਲੁ ਦਇਆਲੁ ਸੁਆਮੀ ਸੋ ਪ੍ਰਭ ਅੰਕਿ ਸਮਾਵਏ॥		Jis Hoe Kirapaal Dhaeiaal Suaamee So Prabh Ank Samaaveae ||	He alone merges in the lap of God, unto whom the Merciful Lord Master becomes compassionate.	ਜਿਸ ਮਨੁੱਖ ਉੱਤੇ ਪ੍ਰਭੂ-ਮਾਲਕ ਕਿਰਪਾਲ ਹੁੰਦਾ ਹੈ ਦਇਆਵਾਨ ਹੁੰਦਾ ਹੈ ਉਹ ਉਸ ਪਰਮਾਤਮਾ ਦੇ ਚਰਨਾਂ ਵਿਚ ਲੀਨ ਹੋ ਜਾਂਦਾ ਹੈ (ਬੱਸ! ਇਹੀ ਹੈ ਭੇਟਾ ਤੇ ਪੂਜਾ)।
24053	542	ਭਾਗੁ ਮਸਤਕਿ ਹੋਇ ਜਿਸ ਕੈ ਤਿਸੁ ਗੁਰ ਨਾਲਿ ਸਨੇਹਾ॥		Bhaag Masathak Hoe Jis Kai This Gur Naal Sanaehaa ||	One who has such pre-ordained destiny written on his forehead, comes to bear love for the Guru.	ਜਿਸ ਮਨੁੱਖ ਦੇ ਮੱਥੇ ਉੱਤੇ ਭਾਗ ਜਾਗ ਪੈਂਦਾ ਹੈ, ਉਸ ਦਾ ਆਪਣੇ ਗੁਰੂ ਨਾਲ ਪਿਆਰ ਬਣ ਜਾਂਦਾ ਹੈ।
24054	542	ਜਨੁ ਕਹੈ ਨਾਨਕੁ ਮਿਲਿ ਸਾਧਸੰਗਤਿ ਹਰਿ ਹਰਿ ਨਾਮੁ ਪੂਜੇਹਾ॥੩॥		Jan Kehai Naanak Mil Saadhhasangath Har Har Naam Poojaehaa ||3||	Says servant Nanak, joining the Saadh Sangat, the Company of the Holy, let's worship the Name of the Lord, Har, Har. ||3||	ਦਾਸ ਨਾਨਕ ਆਖਦਾ ਹੈ ਕਿ ਸਾਧ ਸੰਗਤ ਵਿਚ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ ॥੩॥
24055	542	ਦਹ ਦਿਸ ਖੋਜਤ ਹਮ ਫਿਰੇ ਮੇਰੇ ਲਾਲ ਜੀਉ ਹਰਿ ਪਾਇਅੜਾ ਘਰਿ ਆਏ ਰਾਮ॥		Dheh Dhis Khojath Ham Firae Maerae Laal Jeeo Har Paaeiarraa Ghar Aaeae Raam ||	I wandered around, searching in the ten directions, O my dear beloveds, but I came to find the Lord in the home of my own being.	ਹੇ ਮੇਰੇ ਪਿਆਰੇ! (ਪਰਮਾਤਮਾ ਨੂੰ ਲੱਭਣ ਵਾਸਤੇ) ਅਸੀਂ ਦਸੀਂ ਪਾਸੀਂ ਭਾਲ ਕਰਦੇ ਫਿਰੇ, ਪਰ ਉਸ ਪਰਮਾਤਮਾ ਨੂੰ ਹੁਣ ਹਿਰਦੇ-ਘਰ ਵਿਚ ਹੀ ਆ ਕੇ ਲੱਭ ਲਿਆ ਹੈ।

24056	542	ਹਰਿਮੰਦਰੁ ਹਰਿ ਜੀਉ ਸਾਜਿਆ ਮੇਰੇ ਲਾਲ ਜੀਉ ਹਰਿ ਤਿਸੁ ਮਹਿ ਰਹਿਆ ਸਮਾਏ ਰਾਮ॥		Har Mandhar Har Jeeo Saajiaa Maerae Laal Jeeo Har This Mehi Rehiaa Samaaeae Raam ||	The Dear Lord has fashioned the body as the temple of the Lord, O my dear beloveds; the Lord continues to dwell there.	ਹੇ ਮੇਰੇ ਪਿਆਰੇ! (ਇਸ ਮਨੁੱਖਾ ਸਰੀਰ ਨੂੰ) ਪਰਮਾਤਮਾ ਨੇ ਆਪਣੇ ਰਹਿਣ ਲਈ ਘਰ ਬਣਾਇਆ ਹੋਇਆ ਹੈ, ਪਰਮਾਤਮਾ ਇਸ (ਸਰੀਰ-ਘਰ) ਵਿਚ ਟਿਕਿਆ ਰਹਿੰਦਾ ਹੈ।
24057	542	ਸਰਬੇ ਸਮਾਣਾ ਆਪਿ ਸੁਆਮੀ ਗੁਰਮੁਖਿ ਪਰਗਟੁ ਹੋਇਆ॥		Sarabae Samaanaa Aap Suaamee Guramukh Paragatt Hoeiaa ||	The Lord and Master Himself is pervading everywhere; through the Guru, He is revealed.	ਮਾਲਕ-ਪ੍ਰਭੂ ਆਪ ਹੀ ਸਾਰੇ ਜੀਵਾਂ ਵਿਚ ਵਿਆਪਕ ਹੋ ਰਿਹਾ ਹੈ, ਪਰ ਉਸ ਦੀ ਇਸ ਹੋਂਦ ਦਾ ਪਰਕਾਸ਼ ਗੁਰੂ ਦੀ ਸਰਨ ਪਿਆਂ ਹੀ ਹੁੰਦਾ ਹੈ।
24058	542	ਮਿਟਿਆ ਅਧੇਰਾ ਦੂਖੁ ਨਾਠਾ ਅਮਿਉ ਹਰਿ ਰਸੁ ਚੋਇਆ॥		Mittiaa Adhhaeraa Dhookh Naathaa Amio Har Ras Choeiaa ||	Darkness is dispelled, and pains are removed, when the sublime essence of the Lord's Ambrosial Nectar trickles down.	(ਗੁਰੂ ਜਿਸ ਮਨੁੱਖ ਦੇ ਮੂੰਹ ਵਿਚ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਨਾਮ-ਰਸ ਚੋ ਦੇਂਦਾ ਹੈ, (ਉਸ ਦੇ ਅੰਦਰੋਂ ਮਾਇਆ ਦੇ ਮੋਹ ਦਾ) ਹਨੇਰਾ ਮਿਟ ਜਾਂਦਾ ਹੈ, ਉਸ ਦਾ ਸਾਰਾ ਦੁੱਖ ਦੂਰ ਹੋ ਜਾਂਦਾ ਹੈ।
24059	542	ਜਹਾ ਦੇਖਾ ਤਹਾ ਸੁਆਮੀ ਪਾਰਬ੍ਰਹਮੁ ਸਭ ਠਾਏ॥		Jehaa Dhaekhaa Thehaa Suaamee Paarabreham Sabh Thaaeae ||	Wherever I look, the Lord and Master is there. The Supreme Lord God is everywhere.	(ਗੁਰੂ ਦੀ ਕਿਰਪਾ ਨਾਲ ਹੁਣ) ਮੈਂ ਜਿੱਧਰ ਵੇਖਦਾ ਹਾਂ ਉਧਰ ਹੀ ਮੈਨੂੰ ਮਾਲਕ ਪਰਮਾਤਮਾ ਸਭ ਥਾਈਂ ਵੱਸਦਾ ਦਿੱਸਦਾ ਹੈ।

24060	542	ਜਨੁ ਕਹੈ ਨਾਨਕੁ ਸਤਿਗੁਰਿ ਮਿਲਾਇਆ ਹਰਿ ਪਾਇਅੜਾ ਘਰਿ ਆਏ॥੪॥੧॥		Jan Kehai Naanak Sathigur Milaaeiaa Har Paaeiarraa Ghar Aaeae ||4||1||	Says servant Nanak, meeting the True Guru, I have found the Lord, within the home of my own being. ||4||1||	ਦਾਸ ਨਾਨਕ ਆਖਦਾ ਹੈ-ਗੁਰੂ ਨੇ ਮੈਨੂੰ ਪਰਮਾਤਮਾ ਮਿਲਾ ਦਿੱਤਾ ਹੈ, ਮੈਂ ਪਰਮਾਤਮਾ ਨੂੰ ਆਪਣੇ ਹਿਰਦੇ-ਘਰ ਵਿਚ ਆ ਕੇ ਲੱਭ ਲਿਆ ਹੈ ॥੪॥੧॥
24061	542	ਰਾਗੁ ਬਿਹਾਗੜਾ ਮਹਲਾ ੫॥		Raag Bihaagarraa Mehalaa 5 ||	Raag Bihaagraa, Fifth Mehl:	
24062	542	ਅਤਿ ਪ੍ਰੀਤਮ ਮਨਮੋਹਨਾ ਘਟ ਸੋਹਨਾ ਪ੍ਰਾਨ ਅਧਾਰਾ ਰਾਮ॥	ਅਤਿ। ਪੋਲਾ ਬੋਲੋ	Ath Preetham Man Mohanaa Ghatt Sohanaa Praan Adhhaaraa Raam ||	He is dear to me; He fascinates my mind; He is the ornament of my heart, the support of the breath of life.	ਪਰਮਾਤਮਾ ਬਹੁਤ ਹੀ ਪਿਆਰਾ ਲੱਗਣ ਵਾਲਾ ਹੈ, ਸਭ ਦੇ ਮਨ ਨੂੰ ਮੋਹ ਲੈਣ ਵਾਲਾ ਹੈ, ਸਭ ਸਰੀਰਾਂ ਵਿਚ ਸੋਭ ਰਿਹਾ ਹੈ, ਸਭ ਦੇ ਜੀਵਨ ਦਾ ਸਹਾਰਾ ਹੈ।
24063	542	ਸੁੰਦਰ ਸੋਭਾ ਲਾਲ ਗੋਪਾਲ ਦਇਆਲ ਕੀ ਅਪਰ ਅਪਾਰਾ ਰਾਮ॥		Sundhar Sobhaa Laal Gopaal Dhaeiaal Kee Apar Apaaraa Raam ||	The Glory of the Beloved, Merciful Lord of the Universe is beautiful; He is infinite and without limit.	ਉਸ ਦਇਆ ਦੇ ਘਰ ਗੋਪਾਲ ਪਿਆਰੇ ਦੀ ਸੋਹਣੀ ਸੋਭਾ (ਪਸਰ ਰਹੀ) ਹੈ, ਬੜੀ ਬੇਅੰਤ ਸੋਭਾ ਹੈ।
24064	542	ਗੋਪਾਲ ਦਇਆਲ ਗੋਬਿੰਦ ਲਾਲਨ ਮਿਲਹੁ ਕੰਤ ਨਿਮਾਣੀਆ॥		Gopaal Dhaeiaal Gobindh Laalan Milahu Kanth Nimaaneeaa ||	O Compassionate Sustainer of the World, Beloved Lord of the Universe, please, join with Your humble soul-bride.	ਹੇ ਦਿਆਲ ਗੋਬਿੰਦ, ਹੇ ਗੋਪਾਲ, ਹੇ ਪਿਆਰੇ ਕੰਤ! ਮੈਨੂੰ ਨਿਮਾਣੀ ਨੂੰ ਮਿਲ।

24065	542	ਨੈਨ ਤਰਸਨ ਦਰਸ ਪਰਸਨ ਨਹ ਨੀਦ ਰੈਣਿ ਵਿਹਾਣੀਆ॥		Nain Tharasan Dharas Parasan Neh Needh Rain Vihaaneeaa ||	My eyes long for the Blessed Vision of Your Darshan; the night passes, but I cannot sleep.	ਮੇਰੀਆਂ ਅੱਖਾਂ ਤੇਰੇ ਦਰਸਨ ਦੀ ਛੂਹ ਹਾਸਲ ਕਰਨ ਲਈ ਤਰਸਦੀਆਂ ਰਹਿੰਦੀਆਂ ਹਨ। ਮੇਰੀ ਜ਼ਿੰਦਗੀ ਦੀ ਰਾਤ ਲੰਘਦੀ ਜਾ ਰਹੀ ਹੈ, (ਪਰ ਮੈਨੂੰ ਤੇਰੇ ਮਿਲਾਪ ਤੋਂ ਪੈਦਾ ਹੋਣ ਵਾਲੀ) ਸ਼ਾਂਤੀ ਨਹੀਂ ਮਿਲ ਰਹੀ।
24066	542	ਗਿਆਨ ਅੰਜਨ ਨਾਮ ਬਿੰਜਨ ਭਏ ਸਗਲ ਸੀਗਾਰਾ॥	(ਬਿੰਜਨ) ਭੋਜਨ	Giaan Anjan Naam Binjan Bheae Sagal Seegaaraa ||	I have applied the healing ointment of spiritual wisdom to my eyes; the Naam, the Name of the Lord, is my food. These are all my decorations.	ਜਿਸ ਨੂੰ ਗੁਰੂ ਦੇ ਬਖ਼ਸ਼ੇ ਗਿਆਨ ਦਾ ਸੁਰਮਾ ਮਿਲ ਗਿਆ, ਜਿਸ ਨੂੰ (ਆਤਮਕ ਜੀਵਨ ਦਾ) ਭੋਜਨ ਹਰਿ-ਨਾਮ ਮਿਲ ਗਿਆ, ਉਸ ਦੇ ਸਾਰੇ (ਆਤਮਕ) ਸਿੰਗਾਰ ਸਫਲ ਹੋ ਗਏ।
24067	542	ਨਾਨਕੁ ਪਇਅੰਪੈ ਸੰਤ ਜੰਪੈ ਮੇਲਿ ਕੰਤੁ ਹਮਾਰਾ॥੧॥	(ਪਇਅੰਪੈ) ਕਥਨ ਕਰਦੇ ਹਨ। (ਜੰਪੈ) ਜਪਦੇ ਹਨ	Naanak Paeianpai Santh Janpai Mael Kanth Hamaaraa ||1||	Prays Nanak, let's meditate on the Saint, that he may unite us with our Husband Lord. ||1||	ਨਾਨਕ ਸੰਤ ਜਨਾਂ ਦੀ ਚਰਨੀਂ ਪੈਂਦਾ ਹੈ, ਸੰਤਾਂ ਜਨਾਂ ਅੱਗੇ ਅਰਜ਼ੋਈ ਕਰਦਾ ਹੈ, ਕਿ ਮੈਨੂੰ ਮੇਰਾ ਪ੍ਰਭੂ-ਪਤੀ ਮਿਲਾਵੋ ॥੧॥
24068	542	ਲਾਖ ਉਲਾਹਨੇ ਮੋਹਿ ਹਰਿ ਜਬ ਲਗੁ ਨਹ ਮਿਲੈ ਰਾਮ॥	(ਉਲਾਹਨੇ) ਉਲਾਂਭੇ	Laakh Oulaahanae Mohi Har Jab Lag Neh Milai Raam ||	I endure thousands of reprimands, and still, my Lord has not met with me.	ਜਦ ਤਕ ਪਰਮਾਤਮਾ ਨਹੀਂ ਮਿਲਦਾ, ਜਦ ਤਕ (ਮੇਰੀਆਂ ਭੁੱਲਾਂ ਦੇ) ਮੈਨੂੰ ਲੱਖਾਂ ਉਲਾਂਭੇ ਮਿਲਦੇ ਰਹਿੰਦੇ ਹਨ।

24069	542	ਮਿਲਨ ਕਉ ਕਰਉ ਉਪਾਵ ਕਿਛੁ ਹਮਾਰਾ ਨਹ ਚਲੈ ਰਾਮ॥	ਚੱਲੈ	Milan Ko Karo Oupaav Kishh Hamaaraa Neh Chalai Raam ||	I make the effort to meet with my Lord, but none of my efforts work.	ਮੈਂ ਪਰਮਾਤਮਾ ਨੂੰ ਮਿਲਣ ਵਾਸਤੇ ਅਨੇਕਾਂ ਹੀਲੇ ਕਰਦੀ ਹਾਂ, ਪਰ ਮੇਰੀ ਕੋਈ ਪੇਸ਼ ਨਹੀਂ ਜਾਂਦੀ।
24070	542	ਚਲ ਚਿਤ ਬਿਤ ਅਨਿਤ ਪ੍ਰਿਅ ਬਿਨੁ ਕਵਨ ਬਿਧੀ ਨ ਧੀਜੀਐ॥	ਚੱਲ। ਚਿੱਤ। ਬਿੱਤ। ਅ-ਨਿੱਤ। ਬਿਧੀ:ਪੋਲਾ ਬੋਲੋ	Chal Chith Bith Anith Pria Bin Kavan Bidhhee N Dhheejeeai ||	Unsteady is my consciousness, and unstable is my wealth; without my Lord, I cannot be consoled.	ਪਿਆਰੇ ਪ੍ਰਭੂ ਦੇ ਮਿਲਾਪ ਤੋਂ ਬਿਨਾ ਕਿਸੇ ਤਰ੍ਹਾਂ ਭੀ ਮਨ ਨੂੰ ਧੀਰਜ ਨਹੀਂ ਆਉਂਦੀ, ਚਿੱਤ (ਧਨ ਦੀ ਖ਼ਾਤਰ) ਹਰ ਵੇਲੇ ਨੱਠਾ ਫਿਰਦਾ ਹੈ; ਤੇ, ਧਨ ਭੀ ਸਦਾ ਨਾਲ ਨਹੀਂ ਨਿਭਦਾ।
24071	543	ਖਾਨ ਪਾਨ ਸੀਗਾਰ ਬਿਰਥੇ ਹਰਿ ਕੰਤ ਬਿਨੁ ਕਿਉ ਜੀਜੀਐ॥		Khaan Paan Seegaar Birathhae Har Kanth Bin Kio Jeejeeai ||	Food, drink and decorations are useless; without my Husband Lord, how can I survive?	ਸਾਰੇ ਖਾਣ ਪੀਣ ਸਿੰਗਾਰ ਪ੍ਰਭੂ-ਪਤੀ ਤੋਂ ਬਿਨਾ ਵਿਅਰਥ ਹਨ, ਪ੍ਰਭੂ-ਪਤੀ ਤੋਂ ਬਿਨਾ ਜੀਵਨ ਦਾ ਕੋਈ ਕਜ ਨਹੀਂ।
24072	543	ਆਸਾ ਪਿਆਸੀ ਰੈਨਿ ਦਿਨੀਅਰੁ ਰਹਿ ਨ ਸਕੀਐ ਇਕੁ ਤਿਲੈ॥		Aasaa Piaasee Rain Dhineear Rehi N Sakeeai Eik Thilai ||	I yearn for Him, and desire Him night and day. I cannot live without Him, even for an instant.	ਪ੍ਰਭੂ-ਪਤੀ ਤੋਂ ਬਿਨਾ (ਦੁਨੀਆ ਵਾਲੀਆਂ) ਆਸਾਂ (ਵਿਆਕੁਲ ਕਰੀ ਰੱਖਦੀਆਂ ਹਨ) ਮਾਇਆ ਦੀ ਤ੍ਰਿਸ਼ਨਾ ਦਿਨ ਰਾਤ ਲੱਗੀ ਰਹਿੰਦੀ ਹੈ। ਰਤਾ ਜਿਤਨੇ ਸਮੇ ਲਈ ਭੀ ਜਿੰਦ ਟਿਕਾਣੇ ਨਹੀਂ ਆਉਂਦੀ।

24073	543	ਨਾਨਕੁ ਪਇਅੰਪੈ ਸੰਤ ਦਾਸੀ ਤਉ ਪ੍ਰਸਾਦਿ ਮੇਰਾ ਪਿਰੁ ਮਿਲੈ॥੨॥		Naanak Paeianpai Santh Dhaasee Tho Prasaadh Maeraa Pir Milai ||2||	Prays Nanak, O Saint, I am Your slave; by Your Grace, I meet my Husband Lord. ||2||	ਨਾਨਕ ਬੇਨਤੀ ਕਰਦਾ ਹੈ ਕਿ ਹੇ ਗੁਰੂ! ਮੈਂ (ਜੀਵ-ਇਸਤ੍ਰੀ) ਤੇਰੀ ਦਾਸੀ ਆ ਬਣੀ ਹਾਂ, ਤੇਰੀ ਕਿਰਪਾ ਨਾਲ (ਹੀ) ਮੇਰਾ ਪ੍ਰਭੂ ਪਤੀ (ਮੈਨੂੰ) ਮਿਲ ਸਕਦਾ ਹੈ ॥੨॥
24074	543	ਸੇਜ ਏਕ ਪ੍ਰਿਉ ਸੰਗਿ ਦਰਸੁ ਨ ਪਾਈਐ ਰਾਮ॥		Saej Eaek Prio Sang Dharas N Paaeeai Raam ||	I share a bed with my Beloved, but I do not behold the Blessed Vision of His Darshan.	(ਮੇਰੀ ਇਸ) ਇਕੋ ਹਿਰਦਾ-ਸੇਜ ਉਤੇ ਪ੍ਰਭੂ-ਪਤੀ (ਮੇਰੇ) ਨਾਲ (ਵੱਸਦਾ) ਹੈ, ਪਰ ਮੈਨੂੰ ਦਰਸਨ ਪ੍ਰਾਪਤ ਨਹੀਂ ਹੁੰਦਾ!
24075	543	ਅਵਗਨ ਮੋਹਿ ਅਨੇਕ ਕਤ ਮਹਲਿ ਬੁਲਾਈਐ ਰਾਮ॥		Avagan Mohi Anaek Kath Mehal Bulaaeeai Raam ||	I have endless demerits - how can my Lord call me to the Mansion of His Presence?	ਮੈਨੂੰ ਪ੍ਰਭੂ ਦੀ ਹਜ਼ੂਰੀ ਵਿਚ ਸੱਦਿਆ ਭੀ ਕਿਵੇਂ ਜਾਏ? ਮੇਰੇ ਵਿਚ (ਤਾਂ) ਅਨੇਕਾਂ ਅਉਗਣ ਹਨ।
24076	543	ਨਿਰਗੁਨਿ ਨਿਮਾਣੀ ਅਨਾਥਿ ਬਿਨਵੈ ਮਿਲਹੁ ਪ੍ਰਭ ਕਿਰਪਾਨਿਧੇ॥		Niragun Nimaanee Anaathh Binavai Milahu Prabh Kirapaa Nidhhae ||	The worthless, dishonored and orphaned soul-bride prays, ""Meet with me, O God, treasure of mercy.""	ਗੁਣ-ਹੀਨ, ਨਿਮਾਣੀ, ਨਿਆਸਰੀ (ਜੀਵ-ਇਸਤ੍ਰੀ) ਬੇਨਤੀ ਕਰਦੀ ਹੈ ਕਿ ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਮੈਨੂੰ ਮਿਲ।

24077	543	ਭ੍ਰਮ ਭੀਤਿ ਖੋਈਐ ਸਹਜਿ ਸੋਈਐ ਪ੍ਰਭ ਪਲਕ ਪੇਖਤ ਨਵ ਨਿਧੇ॥		Bhram Bheeth Khoeeai Sehaj Soeeai Prabh Palak Paekhath Nav Nidhhae ||	The wall of doubt has been shattered, and now I sleep in peace, beholding God, the Lord of the nine treasures, even for an instant.	ਹੇ ਨੌ ਖ਼ਜ਼ਾਨਿਆਂ ਦੇ ਮਾਲਕ ਪ੍ਰਭੂ! ਇਕ ਪਲਕ ਮਾਤ੍ਰ ਤੇਰਾ ਦਰਸਨ ਕੀਤਿਆਂ (ਤੈਥੋਂ ਵਿਛੋੜਨ ਵਾਲੀ) ਭਟਕਣਾ ਦੀ ਕੰਧ ਦੂਰ ਹੋ ਜਾਂਦੀ ਹੈ, ਆਤਮਕ ਅਡੋਲਤਾ ਵਿਚ ਲੀਨਤਾ ਹੋ ਜਾਂਦੀ ਹੈ।
24078	543	ਗ੍ਰਿਹਿ ਲਾਲੁ ਆਵੈ ਮਹਲੁ ਪਾਵੈ ਮਿਲਿ ਸੰਗਿ ਮੰਗਲੁ ਗਾਈਐ॥		Grihi Laal Aavai Mehal Paavai Mil Sang Mangal Gaaeeai ||	If only I could come into the Mansion of my Beloved Lord's Presence! Joining with Him, I sing the songs of joy.	ਜਦੋਂ ਜੀਵ-ਇਸਤ੍ਰੀ ਦੇ ਹਿਰਦੇ-ਘਰ ਵਿਚ ਪਿਆਰਾ ਪ੍ਰਭੂ-ਪਤੀ ਆ ਵੱਸਦਾ ਹੈ ਜਦੋਂ ਜੀਵ-ਇਸਤ੍ਰੀ ਪ੍ਰਭੂ ਦੀ ਹਜ਼ੂਰੀ ਪ੍ਰਾਪਤ ਕਰ ਲੈਂਦੀ ਹੈ, ਤਦੋਂ ਪ੍ਰਭੂ ਦੇ ਨਾਲ ਮਿਲ ਕੇ ਖ਼ੁਸ਼ੀ ਦਾ ਗੀਤ ਗਾਇਆ ਜਾ ਸਕਦਾ ਹੈ।
24079	543	ਨਾਨਕੁ ਪਇਅੰਪੈ ਸੰਤ ਸਰਣੀ ਮੋਹਿ ਦਰਸੁ ਦਿਖਾਈਐ॥੩॥		Naanak Paeianpai Santh Saranee Mohi Dharas Dhikhaaeeai ||3||	Prays Nanak, I seek the Sanctuary of the Saints; please, reveal to me the Blessed Vision of Your Darshan. ||3||	ਹੇ ਗੁਰੂ! ਨਾਨਕ ਤੇਰੇ ਚਰਨਾਂ ਵਿਚ ਆ ਪਿਆ ਹੈ, ਤੇਰੀ ਸਰਨ ਆ ਗਿਆ ਹੈ (ਮੈਨੂੰ ਨਾਨਕ ਨੂੰ) ਪਰਮਾਤਮਾ-ਪਤੀ ਦਾ ਦਰਸਨ ਕਰਾ ਦੇ ॥੩॥
24080	543	ਸੰਤਨ ਕੈ ਪਰਸਾਦਿ ਹਰਿ ਹਰਿ ਪਾਇਆ ਰਾਮ॥		Santhan Kai Parasaadh Har Har Paaeiaa Raam ||	By the Grace of the Saints, I have obtained the Lord, Har, Har.	ਸਤਿਗੁਰੂ ਜੀ ਦੀ ਕਿਰਪਾ ਨਾਲ ਮੈਂ ਪਰਮਾਤਮਾ ਲੱਭ ਲਿਆ ਹੈ,

24081	543	ਇਛ ਪੁੰਨੀ ਮਨਿ ਸਾਂਤਿ ਤਪਤਿ ਬੁਝਾਇਆ ਰਾਮ॥	ਬੁਝਾਇਆ:ਪੋਲਾ ਬੋਲੋ	Eishh Punnee Man Saanth Thapath Bujhaaeiaa Raam ||	My desires are fulfilled, and my mind is at peace; the fire within has been quenched.	ਮੇਰੀ (ਚਿਰਾਂ ਦੀ) ਤਾਂਘ ਪੂਰੀ ਹੋ ਗਈ ਹੈ, ਮੇਰੇ ਮਨ ਵਿਚ ਠੰਢ ਪੈ ਗਈ ਹੈ, (ਮੇਰੇ ਅੰਦਰੋਂ ਤ੍ਰਿਸ਼ਨਾ ਦੀ) ਤਪਸ਼ ਬੁੱਝ ਗਈ ਹੈ।
24082	543	ਸਫਲਾ ਸੁ ਦਿਨਸ ਰੈਣੇ ਸੁਹਾਵੀ ਅਨਦ ਮੰਗਲ ਰਸੁ ਘਨਾ॥		Safalaa S Dhinas Rainae Suhaavee Anadh Mangal Ras Ghanaa ||	Fruitful is that day, and beauteous is that night, and countless are the joys, celebrations and pleasures.	ਉਹ ਦਿਨ (ਮੇਰੇ ਵਾਸਤੇ) ਭਾਗਾਂ ਵਾਲਾ ਹੈ ਉਹ ਰਾਤ ਸੋਹਣੀ ਹੈ (ਜਦੋਂ ਮੈਨੂੰ ਪਰਮਾਤਮਾ ਮਿਲਿਆ, ਜਿਸ ਨਾਲ) ਬਹੁਤ ਆਨੰਦ ਖ਼ੁਸ਼ੀਆਂ ਸਵਾਦ ਬਣੇ ਪਏ ਹਨ,
24083	543	ਪ੍ਰਗਟੇ ਗੁਪਾਲ ਗੋਬਿੰਦ ਲਾਲਨ ਕਵਨ ਰਸਨਾ ਗੁਣ ਭਨਾ॥		Pragattae Gupaal Gobindh Laalan Kavan Rasanaa Gun Bhanaa ||	The Lord of the Universe, the Beloved Sustainer of the World, has been revealed. With what tongue can I speak of His Glory?	(ਮੇਰੇ ਹਿਰਦੇ ਵਿਚ) ਪਿਆਰੇ ਗੋਪਾਲ ਗੋਬਿੰਦ ਜੀ ਪਰਗਟ ਹੋ ਗਏ ਹਨ, ਮੈਂ ਆਪਣੀ ਜੀਭ ਨਾਲ (ਉਸ ਮਿਲਾਪ ਦੇ) ਕੇਹੜੇ ਕੇਹੜੇ ਗੁਣ (ਲਾਭ) ਦੱਸਾਂ?
24084	543	ਭ੍ਰਮ ਲੋਭ ਮੋਹ ਬਿਕਾਰ ਥਾਕੇ ਮਿਲਿ ਸਖੀ ਮੰਗਲੁ ਗਾਇਆ॥		Bhram Lobh Moh Bikaar Thhaakae Mil Sakhee Mangal Gaaeiaa ||	Doubt, greed, emotional attachment and corruption are taken away; joining with my companions, I sing the songs of joy.	(ਮੇਰੇ ਅੰਦਰੋਂ) ਭਟਕਣਾ, ਲੋਭ, ਮੋਹ, ਆਦਿਕ ਸਾਰੇ ਵਿਕਾਰ ਦੂਰ ਹੋ ਗਏ ਹਨ, ਮੇਰੇ ਗਿਆਨ-ਇੰਦ੍ਰੇ ਮਿਲ ਕੇ ਸਿਫ਼ਤ-ਸਾਲਾਹ ਦਾ ਗੀਤ ਗਾ ਰਹੇ ਹਨ।

24085	543	ਨਾਨਕੁ ਪਇਅੰਪੈ ਸੰਤ ਜੰਪੈ ਜਿਨਿ ਹਰਿ ਹਰਿ ਸੰਜੋਗਿ ਮਿਲਾਇਆ॥੪॥੨॥		Naanak Paeianpai Santh Janpai Jin Har Har Sanjog Milaaeiaa ||4||2||	Prays Nanak, I meditate on the Saint, who has led me to merge with the Lord, Har, Har. ||4||2||	ਹੁਣ ਨਾਨਕ ਗੁਰੂ ਦੇ ਚਰਨਾਂ ਵਿਚ ਢਹਿ ਪਿਆ ਹੈ, ਗੁਰੂ ਅੱਗੇ ਹੀ ਅਰਜ਼ੋਈ ਕਰਦਾ ਰਹਿੰਦਾ ਹੈ, ਕਿਉਂਕਿ ਉਸ ਗੁਰੂ ਨੇ ਮਿਲਾਪ ਦੇ ਲੇਖ ਦੀ ਰਾਹੀਂ (ਮਿਲਾਪ ਦੇ ਲੇਖ ਨੂੰ ਉਜਾਗਰ ਕਰ ਕੇ) ਮੈਨੂੰ ਪਰਮਾਤਮਾ ਮਿਲਾ ਦਿੱਤਾ ਹੈ ॥੪॥੨॥
24086	543	ਬਿਹਾਗੜਾ ਮਹਲਾ ੫॥		Bihaagarraa Mehalaa 5 ||	Bihaagraa, Fifth Mehl:	
24087	543	ਕਰਿ ਕਿਰਪਾ ਗੁਰ ਪਾਰਬ੍ਰਹਮ ਪੂਰੇ ਅਨ ਦਿਨੁ ਨਾਮੁ ਵਖਾਣਾ ਰਾਮ॥		Kar Kirapaa Gur Paarabreham Poorae Anadhin Naam Vakhaanaa Raam ||	Shower Your Mercy upon me, O Guru, O Perfect Supreme Lord God, that I might chant the Naam, the Name of the Lord, night and day.	ਹੇ ਸਭ ਤੋਂ ਵੱਡੇ! ਹੇ ਸਰਬ-ਗੁਣ-ਭਰਪੂਰ ਪ੍ਰਭੂ! (ਮੇਰੇ ਉੱਤੇ) ਮੇਹਰ ਕਰ, ਮੈਂ ਹਰ ਵੇਲੇ ਤੇਰਾ ਨਾਮ ਸਿਮਰਦਾ ਰਹਾਂ,
24088	543	ਅੰਮ੍ਰਿਤ ਬਾਣੀ ਉਚਰਾ ਹਰਿ ਜਸੁ ਮਿਠਾ ਲਾਗੈ ਤੇਰਾ ਭਾਣਾ ਰਾਮ॥	ਉੱਚਰਾਂ। ਮਿੱਠਾ	Anmrith Baanee Oucharaa Har Jas Mithaa Laagai Thaeraa Bhaanaa Raam ||	I speak the Ambrosial Words of the Guru's Bani, praising the Lord. Your Will is sweet to me, Lord.	ਆਤਮਕ ਜੀਵਨ ਦੇਣ ਵਾਲੀ ਤੇਰੀ ਬਾਣੀ ਉਚਾਰਦਾ ਰਹਾਂ, ਮੈਂ ਤੇਰੀ ਸਿਫ਼ਤ-ਸਾਲਾਹ ਦਾ ਗੀਤ ਗਾਂਦਾ ਰਹਾਂ, ਮੈਨੂੰ ਤੇਰੀ ਰਜ਼ਾ ਮਿੱਠੀ ਲੱਗਦੀ ਰਹੇ।

24089	543	ਕਰਿ ਦਇਆ ਮਇਆ ਗੋਪਾਲ ਗੋਬਿੰਦ ਕੋਇ ਨਾਹੀ ਤੁਝ ਬਿਨਾ॥	ਦਇਆ। ਮਇਆ	Kar Dhaeiaa Maeiaa Gopaal Gobindh Koe Naahee Thujh Binaa ||	Show kindness and compassion, O Sustainer of the Word, Lord of the Universe; without You, I have no other.	ਹੇ ਗੋਪਾਲ! ਹੇ ਗੋਬਿੰਦ! (ਮੇਰੇ ਉਤੇ) ਦਇਆ ਕਰ, ਤਰਸ ਕਰ, ਤੈਥੋਂ ਬਿਨਾ ਮੇਰਾ ਹੋਰ ਕੋਈ ਸਹਾਰਾ ਨਹੀਂ ਹੈ।
24090	543	ਸਮਰਥ ਅਗਥ ਅਪਾਰ ਪੂਰਨ ਜੀਉ ਤਨੁ ਧਨੁ ਤੁਮ ਮਨਾ॥	(ਅ-ਗਥ) ਕਥਨ ਰਹਤ। ਸਮਰੱਥ	Samarathh Agathh Apaar Pooran Jeeo Than Dhhan Thumh Manaa ||	Almighty, sublime, infinite, perfect Lord - my soul, body, wealth and mind are Yours.	ਹੇ ਸਭ ਤਾਕਤਾਂ ਦੇ ਮਾਲਕ! ਹੇ ਅਕੱਥ! ਹੇ ਬੇਅੰਤ! ਮੇਰੀ ਇਹ ਜਿੰਦ, ਮੇਰਾ ਇਹ ਮਨ ਇਹ ਸਰੀਰ, ਇਹ ਧਨ-ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ।
24091	543	ਮੂਰਖ ਮੁਗਧ ਅਨਾਥ ਚੰਚਲ ਬਲ ਹੀਨ ਨੀਚ ਅਜਾਣਾ॥		Moorakh Mugadhh Anaathh Chanchal Baleheen Neech Ajaanaa ||	I am foolish, stupid, masterless, fickle, powerless, lowly and ignorant.	ਹੇ ਪ੍ਰਭੂ! ਮੈਂ ਮੂਰਖ ਹਾਂ ਬਹੁਤ ਮੂਰਖ ਹਾਂ, ਨਿਆਸਰਾ ਹਾਂ, ਚੰਚਲ, ਕਮਜ਼ੋਰ, ਨੀਚ ਤੇ ਅੰਞਾਣ ਹਾਂ।
24092	543	ਬਿਨਵੰਤਿ ਨਾਨਕ ਸਰਣਿ ਤੇਰੀ ਰਖਿ ਲੇਹੁ ਆਵਣ ਜਾਣਾ॥੧॥	ਬਿਨਵੰਤਿ	Binavanth Naanak Saran Thaeree Rakh Laehu Aavan Jaanaa ||1||	Prays Nanak, I seek Your Sanctuary - please save me from coming and going in reincarnation. ||1||	ਨਾਨਕ ਬੇਨਤੀ ਕਰਦਾ ਹੈ ਕਿ ਮੈਂ ਤੇਰੀ ਸਰਨ ਆਇਆ ਹਾਂ, ਤੂੰ ਮੈਨੂੰ ਜਨਮ ਮਰਨ ਦੇ ਗੇੜ ਤੋਂ ਬਚਾ ਲੈ ॥੧॥

24093	543	ਸਾਧਹ ਸਰਣੀ ਪਾਈਐ ਹਰਿ ਜੀਉ ਗੁਣ ਗਾਵਹ ਹਰਿ ਨੀਤਾ ਰਾਮ॥		Saadhheh Saranee Paaeeai Har Jeeo Gun Gaaveh Har Neethaa Raam ||	In the Sanctuary of the Holy Saints, I have found the Dear Lord, and I constantly sing the Glorious Praises of the Lord.	ਗੁਰਮੁਖਾਂ ਦੀ ਸਰਨ ਪਿਆਂ ਪਰਮਾਤਮਾ ਮਿਲ ਪੈਂਦਾ ਹੈ, ਤੇ, ਅਸੀਂ ਸਦਾ ਪਰਮਾਤਮਾ ਦੇ ਗੁਣ ਗਾ ਸਕਦੇ ਹਾਂ।
24094	543	ਧੂਰਿ ਭਗਤਨ ਕੀ ਮਨਿ ਤਨਿ ਲਗਉ ਹਰਿ ਜੀਉ ਸਭ ਪਤਿਤ ਪੁਨੀਤਾ ਰਾਮ॥		Dhhoor Bhagathan Kee Man Than Lago Har Jeeo Sabh Pathith Puneethaa Raam ||	Applying the dust of the devotees to the mind and body, O Dear Lord, all sinners are sanctified.	ਹੇ ਪ੍ਰਭੂ ਜੀ! (ਮੇਹਰ ਕਰ) ਤੇਰੇ ਭਗਤ ਜਨਾਂ ਦੇ ਚਰਨਾਂ ਦੀ ਧੂੜ ਮੇਰੇ ਮਨ ਵਿਚ ਮੇਰੇ ਮੱਥੇ ਉਤੇ ਲੱਗਦੀ ਰਹੇ (ਜਿਸ ਦੀ ਬਰਕਤਿ ਨਾਲ) ਵਿਕਾਰਾਂ ਵਿਚ ਡਿੱਗੇ ਹੋਏ ਮਨੁੱਖ ਭੀ ਪਵਿਤ੍ਰ ਹੋ ਜਾਂਦੇ ਹਨ।
24095	543	ਪਤਿਤਾ ਪੁਨੀਤਾ ਹੋਹਿ ਤਿਨ੍ ਸੰਗਿ ਜਿਨ੍ ਬਿਧਾਤਾ ਪਾਇਆ॥		Pathithaa Puneethaa Hohi Thinh Sang Jinh Bidhhaathaa Paaeiaa ||	The sinners are sanctified in the company of those who have met the Creator Lord.	ਜਿਨ੍ਹਾਂ ਮਨੁੱਖਾਂ ਨੇ ਕਰਤਾਰ ਲੱਭ ਲਿਆ ਉਹਨਾਂ ਦੀ ਸੰਗਤ ਵਿਚ ਵਿਕਾਰੀ ਬੰਦੇ ਸੁੱਚੇ ਜੀਵਨ ਵਾਲੇ ਬਣ ਜਾਂਦੇ ਹਨ।
24096	543	ਨਾਮ ਰਾਤੇ ਜੀਅ ਦਾਤੇ ਨਿਤ ਦੇਹਿ ਚੜਹਿ ਸਵਾਇਆ॥	ਚੜ੍ਹਿ	Naam Raathae Jeea Dhaathae Nith Dhaehi Charrehi Savaaeiaa ||	Imbued with the Naam, the Name of the Lord, they are given the gift of the life of the soul; their gifts increase day by day.	ਪਰਮਾਤਮਾ ਦੇ ਨਾਮ-ਰੰਗ ਨਾਲ ਰੰਗੇ ਹੋਏ ਬੰਦੇ ਆਤਮਕ ਜੀਵਨ ਦੀਆਂ ਦਾਤਾਂ ਦੇਣ-ਜੋਗੇ ਹੋ ਜਾਂਦੇ ਹਨ, ਉਹ ਇਹ ਦਾਤਾਂ ਨਿੱਤ ਦੇਂਦੇ ਹਨ ਤੇ ਇਹ ਵਧਦੀਆਂ ਰਹਿੰਦੀਆਂ ਹਨ।

24097	543	ਰਿਧਿ ਸਿਧਿ ਨਵ ਨਿਧਿ ਹਰਿ ਜਪਿ ਜਿਨੀ ਆਤਮੁ ਜੀਤਾ॥		Ridhh Sidhh Nav Nidhh Har Jap Jinee Aatham Jeethaa ||	Wealth, the supernatural spiritual powers of the Siddhas, and the nine treasures come to those who meditate on the Lord, and conquer their own soul.	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਜਪ ਕੇ ਆਪਣੇ ਮਨ ਨੂੰ ਵੱਸ ਵਿਚ ਕਰ ਲਿਆ, ਸਭ ਕਰਾਮਾਤੀ ਤਾਕਤਾਂ ਤੇ ਦੁਨੀਆ ਦੇ ਨੌ ਹੀ ਖ਼ਜ਼ਾਨੇ ਉਹਨਾਂ ਨੂੰ ਮਿਲ ਜਾਂਦੇ ਹਨ।
24098	543	ਬਿਨਵੰਤਿ ਨਾਨਕੁ ਵਡਭਾਗਿ ਪਾਈਅਹਿ ਸਾਧ ਸਾਜਨ ਮੀਤਾ॥੨॥	ਪਾਈਅਹਿ	Binavanth Naanak Vaddabhaag Paaeeahi Saadhh Saajan Meethaa ||2||	Prays Nanak, it is only by great good fortune that the Holy Saints, the Lord's companions, are found, O friends. ||2||	ਨਾਨਕ ਬੇਨਤੀ ਕਰਦਾ ਹੈ ਕਿ ਗੁਰਮੁਖ ਸੱਜਣ ਮਿੱਤਰ ਵੱਡੀ ਕਿਸਮਤ ਨਾਲ ਹੀ ਮਿਲਦੇ ਹਨ ॥੨॥
24099	543	ਜਿਨੀ ਸਚੁ ਵਣੰਜਿਆ ਹਰਿ ਜੀਉ ਸੇ ਪੂਰੇ ਸਾਹਾ ਰਾਮ॥	ਵਣੰਜਿਆ	Jinee Sach Vananjiaa Har Jeeo Sae Poorae Saahaa Raam ||	Those who deal in Truth, O Dear Lord, are the perfect bankers.	ਜਿਨ੍ਹਾਂ ਮਨੁੱਖਾਂ ਨੇ (ਸਦਾ) ਸਦਾ-ਥਿਰ ਰਹਿਣ ਵਾਲੇ ਹਰਿ-ਨਾਮ ਦਾ ਵਪਾਰ ਕੀਤਾ ਹੈ ਉਹ ਭਰੇ ਭੰਡਾਰਾਂ ਵਾਲੇ ਸ਼ਾਹੂਕਾਰ ਹਨ,
24100	543	ਬਹੁਤੁ ਖਜਾਨਾ ਤਿੰਨ ਪਹਿ ਹਰਿ ਜੀਉ ਹਰਿ ਕੀਰਤਨੁ ਲਾਹਾ ਰਾਮ॥		Bahuth Khajaanaa Thinn Pehi Har Jeeo Har Keerathan Laahaa Raam ||	They possess the great treasure, O Dear Lord, and they reap the profit of the Lord's Praise.	ਉਹਨਾਂ ਪਾਸ (ਹਰਿ-ਨਾਮ ਦਾ) ਬਹੁਤ ਖ਼ਜ਼ਾਨਾ ਹੈ, ਉਹ (ਇਸ ਵਪਾਰ ਵਿਚ) ਪਰਮਾਤਮਾ ਦੀ ਸਿਫ਼ਤ-ਸਾਲਾਹ (ਦੀ) ਖੱਟੀ ਖੱਟਦੇ ਹਨ।

24101	543	ਕਾਮੁ ਕ੍ਰੋਧੁ ਨ ਲੋਭੁ ਬਿਆਪੈ ਜੋ ਜਨ ਪ੍ਰਭ ਸਿਉ ਰਾਤਿਆ॥		Kaam Krodhh N Lobh Biaapai Jo Jan Prabh Sio Raathiaa ||	Sexual desire, anger and greed do not cling to those who are attuned to God.	ਜੇਹੜੇ ਮਨੁੱਖ ਪਰਮਾਤਮਾ ਨਾਲ ਰੱਤੇ ਰਹਿੰਦੇ ਹਨ, ਉਹਨਾਂ ਉੱਤੇ ਨਾਹ ਕਾਮ, ਨਾਹ ਕ੍ਰੋਧ ਨਾਹ ਲੋਭ, ਕੋਈ ਭੀ ਆਪਣਾ ਜ਼ੋਰ ਨਹੀਂ ਪਾ ਸਕਦਾ,
24102	543	ਏਕੁ ਜਾਨਹਿ ਏਕੁ ਮਾਨਹਿ ਰਾਮ ਕੈ ਰੰਗਿ ਮਾਤਿਆ॥	ਮਾੱਤਿਆ	Eaek Jaanehi Eaek Maanehi Raam Kai Rang Maathiaa ||	They know the One, and they believe in the One; they are intoxicated with the Lord's Love.	ਉਹ ਇਕ ਪਰਮਾਤਮਾ ਨਾਲ ਹੀ ਡੂੰਘੀ ਸਾਂਝ ਪਾਂਦੇ ਹਨ, ਉਸ ਨੂੰ ਹੀ (ਪੱਕਾ ਸਾਥੀ) ਮੰਨਦੇ ਹਨ ਤੇ ਉਸ ਦੇ ਪ੍ਰੇਮ-ਰੰਗ ਵਿਚ ਮਸਤ ਰਹਿੰਦੇ ਹਨ।
24103	543	ਲਗਿ ਸੰਤ ਚਰਣੀ ਪੜੇ ਸਰਣੀ ਮਨਿ ਤਿਨਾ ਓਮਾਹਾ॥	ਲੱਗਿ	Lag Santh Charanee Parrae Saranee Man Thinaa Oumaahaa ||	They fall at the Feet of the Saints, and seek their Sanctuary; their minds are filled with joy.	ਉਹ ਮਨੁੱਖ ਗੁਰੂ ਦੀ ਚਰਨੀਂ ਲੱਗ ਕੇ ਪਰਮਾਤਮਾ ਦੀ ਸਰਨ ਪਏ ਰਹਿੰਦੇ ਹਨ, ਉਹਨਾਂ ਦੇ ਮਨ ਵਿਚ (ਪਰਮਾਤਮਾ ਦੇ ਮਿਲਾਪ ਦਾ) ਚਾਉ ਚੜ੍ਹਿਆ ਰਹਿੰਦਾ ਹੈ।
24104	543	ਬਿਨਵੰਤਿ ਨਾਨਕੁ ਜਿਨ ਨਾਮੁ ਪਲੈ ਸੇਈ ਸਚੇ ਸਾਹਾ॥੩॥	ਪੱਲੈ	Binavanth Naanak Jin Naam Palai Saeee Sachae Saahaa ||3||	Prays Nanak, those who have the Naam in their laps are the true bankers. ||3||	ਨਾਨਕ ਬੇਨਤੀ ਕਰਦਾ ਹੈ, ਜਿਨ੍ਹਾਂ ਮਨੁੱਖਾਂ ਦੇ ਪਾਸ ਪਰਮਾਤਮਾ ਦਾ ਨਾਮ-ਧਨ ਹੈ ਉਹੀ ਐਸੇ ਹਨ ਜੋ ਸਦਾ ਲਈ ਸ਼ਾਹੂਕਾਰ ਟਿਕੇ ਰਹਿੰਦੇ ਹਨ ॥੩॥
24105	543	ਨਾਨਕ ਸੋਈ ਸਿਮਰੀਐ ਹਰਿ ਜੀਉ ਜਾ ਕੀ ਕਲ ਧਾਰੀ ਰਾਮ॥		Naanak Soee Simareeai Har Jeeo Jaa Kee Kal Dhhaaree Raam ||	O Nanak, meditate on that Dear Lord, who supports all by His almighty strength.	ਹੇ ਨਾਨਕ! (ਸਦਾ) ਉਸ ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ (ਸਾਰੇ ਸੰਸਾਰ ਵਿਚ) ਜਿਸ ਦੀ ਸੱਤਾ ਕੰਮ ਕਰ ਰਹੀ ਹੈ।

24106	544	ਗੁਰਮੁਖਿ ਮਨਹੁ ਨ ਵੀਸਰੈ ਹਰਿ ਜੀਉ ਕਰਤਾ ਪੁਰਖੁ ਮੁਰਾਰੀ ਰਾਮ॥		Guramukh Manahu N Veesarai Har Jeeo Karathaa Purakh Muraaree Raam ||	In their minds, the Gurmukhs do not forget the Dear Lord, the Primal Creator Lord.	ਗੁਰੂ ਦੀ ਸਰਨ ਪਿਆਂ ਸਰਬ-ਵਿਆਪਕ ਕਰਤਾਰ ਪ੍ਰਭੂ ਮਨ ਤੋਂ ਨਹੀਂ ਭੁੱਲਦਾ।
24107	544	ਦੂਖੁ ਰੋਗੁ ਨ ਭਉ ਬਿਆਪੈ ਜਿਨ੍ਹੀ ਹਰਿ ਹਰਿ ਧਿਆਇਆ॥		Dhookh Rog N Bho Biaapai Jinhee Har Har Dhhiaaeiaa ||	Pain, disease and fear do not cling to those who meditate on the Lord, Har, Har.	ਜਿਨ੍ਹਾਂ ਮਨੁੱਖਾਂ ਨੇ (ਸਦਾ) ਪਰਮਾਤਮਾ ਦਾ ਸਿਮਰਨ ਕੀਤਾ ਹੈ, ਉਹਨਾਂ ਉੱਤੇ ਕੋਈ ਰੋਗ, ਕੋਈ ਦੁੱਖ, ਕੋਈ ਡਰ ਆਪਣਾ ਜ਼ੋਰ ਨਹੀਂ ਪਾ ਸਕਦਾ।
24108	544	ਸੰਤ ਪ੍ਰਸਾਦਿ ਤਰੇ ਭਵਜਲੁ ਪੂਰਬਿ ਲਿਖਿਆ ਪਾਇਆ॥		Santh Prasaadh Tharae Bhavajal Poorab Likhiaa Paaeiaa ||	By the Grace of the Saints, they cross over the terrifying world-ocean, and obtain their pre-ordained destiny.	ਉਹਨਾਂ ਨੇ ਗੁਰੂ ਦੀ ਕਿਰਪਾ ਨਾਲ ਇਹ ਸੰਸਾਰ-ਸਮੁੰਦਰ ਤਰ ਲਿਆ (ਸਮਝੋ), ਪੂਰਬਲੇ ਜਨਮ ਵਿਚ ਕੀਤੀ ਕਮਾਈ ਅਨੁਸਾਰ (ਮੱਥੇ ਉੱਤੇ ਭਗਤੀ ਦਾ) ਲਿਖਿਆ ਲੇਖ ਉਹਨਾਂ ਨੂੰ ਪ੍ਰਾਪਤ ਹੋ ਗਿਆ।
24109	544	ਵਜੀ ਵਧਾਈ ਮਨਿ ਸਾਂਤਿ ਆਈ ਮਿਲਿਆ ਪੁਰਖੁ ਅਪਾਰੀ॥		Vajee Vadhhaaee Man Saanth Aaee Miliaa Purakh Apaaree ||	They are congratulated and applauded, their minds are at peace, and they meet the infinite Lord God.	ਉਹਨਾਂ ਦੇ ਅੰਦਰ ਚੜ੍ਹਦੀ ਕਲਾ ਪ੍ਰਬਲ ਹੋ ਗਈ, ਉਹਨਾਂ ਦੇ ਮਨ ਵਿਚ ਠੰਡ ਪੈ ਗਈ, ਉਹਨਾਂ ਨੂੰ ਬੇਅੰਤ ਪ੍ਰਭੂ ਮਿਲ ਪਿਆ।

24110	544	ਬਿਨਵੰਤਿ ਨਾਨਕੁ ਸਿਮਰਿ ਹਰਿ ਹਰਿ ਇਛ ਪੁੰਨੀ ਹਮਾਰੀ॥੪॥੩॥		Binavanth Naanak Simar Har Har Eishh Punnee Hamaaree ||4||3||	Prays Nanak, by meditating in remembrance on the Lord, Har, Har, my desires are fulfilled. ||4||3||	ਨਾਨਕ ਬੇਨਤੀ ਕਰਦਾ ਹੈ, ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਮੇਰੀ ਭੀ (ਪ੍ਰਭੂ-ਮਿਲਾਪ ਵਾਲੀ ਚਿਰਾਂ ਦੀ) ਆਸ ਪੂਰੀ ਹੋ ਗਈ ਹੈ ॥੪॥੩॥
24111	544	ਬਿਹਾਗੜਾ ਮਹਲਾ ੫ ਘਰੁ ੨	ਘਰੁ ਦੂਜਾ	Bihaagarraa Mehalaa 5 Ghar 2	Bihaagraa, Fifth Mehl, Second House:	ਰਾਗ ਬਿਹਾਗੜਾ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
24112	544	ੴ ਸਤਿਨਾਮੁ ਗੁਰ ਪ੍ਰਸਾਦਿ॥		Ik Oankaar Sath Naam Gur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
24113	544	ਵਧੁ ਸੁਖੁ ਰੈਨੜੀਏ ਪ੍ਰਿਅ ਪ੍ਰੇਮੁ ਲਗਾ॥	ਲੱਗਾ	Vadhh Sukh Rainarreeeae Pria Praem Lagaa ||	O peaceful night, grow longer - I have come to enshrine love for my Beloved.	ਹੇ ਆਤਮਕ ਆਨੰਦ ਦੇਣ ਵਾਲੀ ਸੋਹਣੀ (ਜੀਵਨ) ਰਾਤ! ਤੂੰ ਲੰਮੀ ਹੁੰਦੀ ਜਾ ਤਾਂ ਜੋ (ਮੇਰੇ ਹਿਰਦੇ ਵਿਚ) ਪਿਆਰੇ ਦਾ ਪ੍ਰੇਮ ਬਣਿਆ ਰਹੇ।
24114	544	ਘਟੁ ਦੁਖ ਨੀਦੜੀਏ ਪਰਸਉ ਸਦਾ ਪਗਾ॥	(ਪਗਾ) ਚਰਨ। ਘਟੁ ਪਗਾ ਪੋਲੇ	Ghatt Dhukh Needharreeeae Paraso Sadhaa Pagaa ||	O painful sleep, grow shorter, so that I may constantly grasp His Feet.	ਹੇ ਦੁਖਦਾਈ ਕੋਝੀ (ਗ਼ਫ਼ਲਤ ਦੀ) ਨੀਂਦ! ਤੂੰ ਘਟਦੀ ਜਾ, ਮੈਂ (ਤੈਥੋਂ ਬਚ ਕੇ) ਪ੍ਰਭੂ ਦੇ ਚਰਨ ਸਦਾ ਛੂੰਹਦੀ ਰਹਾਂ।
24115	544	ਪਗ ਧੂਰਿ ਬਾਂਛਉ ਸਦਾ ਜਾਚਉ ਨਾਮ ਰਸਿ ਬੈਰਾਗਨੀ॥		Pag Dhhoor Baanshho Sadhaa Jaacho Naam Ras Bairaaganee ||	I long for the dust of His Feet, and beg for His Name; for His Love, I have renounced the world.	ਮੈਂ (ਪ੍ਰਭੂ ਦੇ) ਚਰਨਾਂ ਦੀ ਧੂੜ ਲੋਚਦੀ ਹਾਂ, ਮੈਂ ਸਦਾ (ਉਸ ਦੇ ਦਰ ਤੋਂ ਇਹੀ) ਮੰਗਦੀ ਹਾਂ ਕਿ ਉਸ ਦੇ ਨਾਮ ਦੇ ਸਵਾਦ ਵਿਚ (ਦੁਨੀਆ ਵਲੋਂ) ਵੈਰਾਗਵਾਨ ਹੋਈ ਰਹਾਂ,

24116	544	ਪ੍ਰਿਅ ਰੰਗਿ ਰਾਤੀ ਸਹਜ ਮਾਤੀ ਮਹਾ ਦੁਰਮਤਿ ਤਿਆਗਨੀ॥		Pria Rang Raathee Sehaj Maathee Mehaa Dhuramath Thiaaganee ||	I am imbued with the Love of my Beloved, and I am naturally intoxicated with it; I have forsaken my awful evil-mindedness.	ਪਿਆਰੇ ਦੇ ਪ੍ਰੇਮ-ਰੰਗ ਵਿਚ ਰੰਗੀ ਹੋਈ, ਆਤਮਕ ਅਡੋਲਤਾ ਦੇ (ਆਨੰਦ ਵਿਚ) ਮਸਤ ਮੈਂ ਇਸ ਵੱਡੀ (ਵੈਰਨ) ਭੈੜੀ ਮਤਿ ਦਾ ਤਿਆਗ ਕਰੀ ਰੱਖਾਂ।
24117	544	ਗਹਿ ਭੁਜਾ ਲੀਨ੍ਹੀ ਪ੍ਰੇਮ ਭੀਨੀ ਮਿਲਨੁ ਪ੍ਰੀਤਮ ਸਚ ਮਗਾ॥	ਮਗਾ ਪੋਲਾ	Gehi Bhujaa Leenhee Praem Bheenee Milan Preetham Sach Magaa ||	He has taken me by the arm, and I am saturated with His Love; I have met my Beloved on the Path of Truth.	(ਪ੍ਰਭੂ ਨੇ ਮੇਰੀ) ਬਾਂਹ ਫੜ ਕੇ ਮੈਨੂੰ ਆਪਣੀ ਬਣਾ ਲਿਆ ਹੈ, ਮੈਂ ਉਸ ਦੇ ਪ੍ਰੇਮ-ਰਸ ਵਿਚ ਭਿੱਜ ਗਈ ਹਾਂ, ਸਦਾ ਕਾਇਮ ਰਹਿਣ ਵਾਲੇ ਪ੍ਰੀਤਮ ਨੂੰ ਮਿਲਣਾ ਹੀ (ਜ਼ਿੰਦਗੀ ਦਾ ਸਹੀ) ਰਸਤਾ ਹੈ।
24118	544	ਬਿਨਵੰਤਿ ਨਾਨਕ ਧਾਰਿ ਕਿਰਪਾ ਰਹਉ ਚਰਣਹ ਸੰਗਿ ਲਗਾ॥੧॥	ਲੱਗਾ	Binavanth Naanak Dhhaar Kirapaa Reho Charaneh Sang Lagaa ||1||	Prays Nanak, please Lord, shower Your Mercy on me, that I may remain attached to Your Feet. ||1||	ਨਾਨਕ ਬੇਨਤੀ ਕਰਦਾ ਹੈ ਕਿ (-ਹੇ ਪ੍ਰਭੂ!) ਕਿਰਪਾ ਕਰ, ਮੈਂ ਸਦਾ ਤੇਰੇ ਚਰਨਾਂ ਨਾਲ ਜੁੜਿਆ ਰਹਾਂ ॥੧॥
24119	544	ਮੇਰੀ ਸਖੀ ਸਹੇਲੜੀਹੋ ਪ੍ਰਭ ਕੈ ਚਰਣਿ ਲਗਹ॥	ਲੱਗਹ	Maeree Sakhee Sehaelarreeho Prabh Kai Charan Lageh ||	O my friends and companions, let us remain attached to the Feet of God.	ਹੇ ਮੇਰੀ ਸਖੀਹੋ! ਹੇ ਮੇਰੀ ਪਿਆਰੀ ਸਹੇਲੀਹੋ! ਆਓ, ਅਸੀਂ ਪ੍ਰਭੂ ਦੇ ਚਰਨਾਂ ਵਿਚ ਜੁੜੀਏ।
24120	544	ਮਨਿ ਪ੍ਰਿਅ ਪ੍ਰੇਮੁ ਘਣਾ ਹਰਿ ਕੀ ਭਗਤਿ ਮੰਗਹ॥		Man Pria Praem Ghanaa Har Kee Bhagath Mangeh ||	Within my mind is great love for my Beloved; I beg for the Lord's devotional worship.	(ਮੇਰੇ) ਮਨ ਵਿਚ ਪਿਆਰੇ ਦਾ ਬਹੁਤ ਪ੍ਰੇਮ ਵੱਸ ਰਿਹਾ ਹੈ, ਆਓ ਅਸੀਂ (ਉਸ ਪਾਸੋਂ) ਭਗਤੀ ਦੀ ਦਾਤ ਮੰਗੀਏ।

24121	544	ਹਰਿ ਭਗਤਿ ਪਾਈਐ ਪ੍ਰਭੁ ਧਿਆਈਐ ਜਾਇ ਮਿਲੀਐ ਹਰਿ ਜਨਾ॥		Har Bhagath Paaeeai Prabh Dhhiaaeeai Jaae Mileeai Har Janaa ||	The Lord's devotional worship is obtained, meditating on God. Let us go and meet the humble servants of the Lord.	ਜਾ ਕੇ ਹਰੀ ਦੇ ਸੰਤ ਜਨਾਂ ਨੂੰ ਮਿਲਣਾ ਚਾਹੀਦਾ ਹੈ ਤੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ, (ਇਸੇ ਤਰ੍ਹਾਂ) ਪਰਮਾਤਮਾ ਦੀ ਭਗਤੀ ਪ੍ਰਾਪਤ ਹੁੰਦੀ ਹੈ।
24122	544	ਮਾਨੁ ਮੋਹੁ ਬਿਕਾਰੁ ਤਜੀਐ ਅਰਪਿ ਤਨੁ ਧਨੁ ਇਹੁ ਮਨਾ॥		Maan Mohu Bikaar Thajeeai Arap Than Dhhan Eihu Manaa ||	Renounce pride, emotional attachment and corruption, and dedicate this body, wealth and mind to Him.	ਆਪਣਾ ਇਹ ਮਨ ਇਹ ਸਰੀਰ ਇਹ ਧਨ (ਸਭ ਕੁਝ) ਭੇਟਾ ਕਰ ਕੇ (ਆਪਣੇ ਅੰਦਰੋਂ) ਅਹੰਕਾਰ, ਮਾਇਆ ਦਾ ਮੋਹ, ਵਿਕਾਰ ਦੂਰ ਕਰ ਦੇਣਾ ਚਾਹੀਦਾ ਹੈ।
24123	544	ਬਡ ਪੁਰਖ ਪੂਰਨ ਗੁਣ ਸੰਪੂਰਨ ਭ੍ਰਮ ਭੀਤਿ ਹਰਿ ਹਰਿ ਮਿਲਿ ਭਗਹ॥	ਭੱਗਹ	Badd Purakh Pooran Gun Sanpooran Bhram Bheeth Har Har Mil Bhageh ||	The Lord God is great, perfect, glorious, absolutely perfect; meeting the Lord, Har, Har, the wall of doubt is torn down.	ਜੋ ਪ੍ਰਭੂ ਸਭ ਤੋਂ ਵੱਡਾ ਹੈ, ਸਰਬ-ਵਿਆਪਕ ਹੈ, ਸਾਰੇ ਗੁਣਾਂ ਨਾਲ ਭਰਪੂਰ ਹੈ, ਉਸ ਨੂੰ ਮਿਲ ਕੇ (ਉਸ ਨਾਲੋਂ ਵਿੱਥ ਪਾਣ ਵਾਲੀ ਆਪਣੇ ਅੰਦਰੋਂ) ਭਟਕਣਾ ਦੀ ਕੰਧ ਢਾਹ ਦੇਈਏ।
24124	544	ਬਿਨਵੰਤਿ ਨਾਨਕ ਸੁਣਿ ਮੰਤ੍ਰੁ ਸਖੀਏ ਹਰਿ ਨਾਮੁ ਨਿਤ ਨਿਤ ਨਿਤ ਜਪਹ॥੨॥		Binavanth Naanak Sun Manthra Sakheeeae Har Naam Nith Nith Nith Japeh ||2||	Prays Nanak, hear these teachings, O friends - chant the Lord's Name constantly, over and over again. ||2||	ਨਾਨਕ ਬੇਨਤੀ ਕਰਦਾ ਹੈ ਕਿ ਹੇ ਮੇਰੀ ਸਹੇਲੀਏ! ਮੇਰੀ ਸਲਾਹ ਸੁਣ, ਆਓ ਸਦਾ ਹੀ ਸਦਾ ਹੀ ਪਰਮਾਤਮਾ ਦਾ ਨਾਮ ਜਪਦੇ ਰਹੀਏ ॥੨॥

24125	544	ਹਰਿ ਨਾਰਿ ਸੁਹਾਗਣੇ ਸਭਿ ਰੰਗ ਮਾਣੇ॥		Har Naar Suhaaganae Sabh Rang Maanae ||	The Lord's bride is a happy wife; she enjoys all pleasures.	ਜੇਹੜੀ ਜੀਵ-ਇਸਤ੍ਰੀ ਆਪਣੇ ਆਪ ਨੂੰ ਪ੍ਰਭੂ-ਪਤੀ ਦੇ ਹਵਾਲੇ ਕਰ ਦੇਂਦੀ ਹੈ ਉਹ ਭਾਗਾਂ ਵਾਲੀ ਬਣ ਜਾਂਦੀ ਹੈ, ਉਹ ਸਾਰੇ ਆਨੰਦ ਮਾਣਦੀ ਹੈ,
24126	544	ਰਾਂਡ ਨ ਬੈਸਈ ਪ੍ਰਭ ਪੁਰਖ ਚਿਰਾਣੇ॥	ਨ (ਬੈਸਈ) ਹੁੰਦੀ। (ਚਿਰਾਣੇ) ਪੁਰਾਤਨ। ਪੁਰਖ	Raandd N Baisee Prabh Purakh Chiraanae ||	She does not sit around like a widow, because the Lord God lives forever.	ਤੇ ਉਹ ਕਦੇ ਵੀ ਨਿਖਸਮੀ ਨਹੀਂ ਹੁੰਦੀ, (ਉਸ ਦੇ ਸਿਰ ਉੱਤੇ) ਮੁੱਢ-ਕਦੀਮਾਂ ਦਾ ਖਸਮ-ਪ੍ਰਭੂ (ਹੱਥ ਰੱਖੀ ਰੱਖਦਾ ਹੈ),
24127	544	ਨਹ ਦੂਖ ਪਾਵੈ ਪ੍ਰਭ ਧਿਆਵੈ ਧੰਨਿ ਤੇ ਬਡਭਾਗੀਆ॥		Neh Dhookh Paavai Prabh Dhhiaavai Dhhann Thae Baddabhaageeaa ||	She does not suffer pain - she meditates on God. She is blessed, and very fortunate.	ਉਸ ਜੀਵ-ਇਸਤ੍ਰੀ ਨੂੰ ਕੋਈ ਦੁੱਖ ਨਹੀਂ ਵਿਆਪਦਾ ਉਹ ਸਦਾ ਪ੍ਰਭੂ-ਪਤੀ ਦਾ ਧਿਆਨ ਧਰਦੀ ਹੈ ਤੇ ਇੰਜ ਸਲਾਹੁਣ-ਯੋਗ ਤੇ ਵਢੇ ਭਾਗਾਂ ਵਾਲੀ ਬਣ ਜਾਂਦੀ ਹੈ।
24128	544	ਸੁਖ ਸਹਜਿ ਸੋਵਹਿ ਕਿਲਬਿਖ ਖੋਵਹਿ ਨਾਮ ਰਸਿ ਰੰਗਿ ਜਾਗੀਆ॥		Sukh Sehaj Sovehi Kilabikh Khovehi Naam Ras Rang Jaageeaa ||	She sleeps in peaceful ease, her sins are erased, and she wakes to the joy and love of the Naam.	ਜੇਹੜੀਆਂ ਜੀਵ-ਇਸਤ੍ਰੀਆਂ ਪ੍ਰਭੂ ਦੇ ਨਾਮ ਦੇ ਸਵਾਦ ਵਿਚ ਪ੍ਰਭੂ ਦੇ ਪ੍ਰੇਮ ਵਿਚ ਸੁਚੇਤ ਰਹਿੰਦੀਆਂ ਹਨ, ਉਹ ਆਤਮਕ ਆਨੰਦ ਤੇ ਅਡੋਲਤਾ ਵਿਚ ਲੀਨ ਰਹਿੰਦੀਆਂ ਹਨ ਅਤੇ (ਆਪਣੇ ਅੰਦਰੋਂ ਸਾਰੇ) ਪਾਪ ਦੂਰ ਕਰ ਲੈਂਦੀਆਂ ਹਨ।

24129	544	ਮਿਲਿ ਪ੍ਰੇਮ ਰਹਣਾ ਹਰਿ ਨਾਮੁ ਗਹਣਾ ਪ੍ਰਿਅ ਬਚਨ ਮੀਠੇ ਭਾਣੇ॥		Mil Praem Rehanaa Har Naam Gehanaa Pria Bachan Meethae Bhaanae ||	She remains absorbed in her Beloved - the Lord's Name is her ornament. The Words of her Beloved are sweet and pleasing to her.	ਜੇਹੜੀਆਂ ਜੀਵ-ਇਸਤ੍ਰੀਆਂ (ਸਾਧ ਸੰਗਤ ਵਿਚ) ਪ੍ਰੇਮ ਨਾਲ ਮਿਲ ਕੇ ਰਹਿੰਦੀਆਂ ਹਨ, ਪ੍ਰਭੂ ਦਾ ਨਾਮ ਜਿਨ੍ਹਾਂ ਦੀ ਜ਼ਿੰਦਗੀ ਦਾ ਸਿੰਗਾਰ ਬਣਿਆ ਰਹਿੰਦਾ ਹੈ, ਜਿਨ੍ਹਾਂ ਨੂੰ ਪ੍ਰੀਤਮ-ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਬੋਲ ਮਿੱਠੇ ਲੱਗਦੇ ਹਨ, ਚੰਗੇ ਲੱਗਦੇ ਹਨ,
24130	544	ਬਿਨਵੰਤਿ ਨਾਨਕ ਮਨ ਇਛ ਪਾਈ ਹਰਿ ਮਿਲੇ ਪੁਰਖ ਚਿਰਾਣੇ॥੩॥		Binavanth Naanak Man Eishh Paaee Har Milae Purakh Chiraanae ||3||	Prays Nanak, I have obtained my mind's desires; I have met my eternal Husband Lord. ||3||	ਨਾਨਕ ਬੇਨਤੀ ਕਰਦਾ ਹੈ ਕਿ ਉਹਨਾਂ ਦੀ (ਚਿਰਾਂ ਦੀ) ਮਨੋ-ਕਾਮਨਾ ਪੂਰੀ ਹੋ ਜਾਂਦੀ ਹੈ (ਭਾਵ) ਉਹਨਾਂ ਨੂੰ ਮੁੱਢ-ਕਦੀਮਾਂ ਦਾ ਪਤੀ-ਪ੍ਰਭੂ ਮਿਲ ਪੈਂਦਾ ਹੈ ॥੩॥
24131	544	ਤਿਤੁ ਗ੍ਰਿਹਿ ਸੋਹਿਲੜੇ ਕੋਡ ਅਨੰਦਾ॥		Thith Grihi Sohilarrae Kodd Anandhaa ||	The songs of bliss resound, and millions of pleasures are found in that house;	ਉਸ ਹਿਰਦੇ-ਘਰ ਵਿਚ (ਮਾਨੋ) ਖ਼ੁਸੀ ਦੇ ਗੀਤ ਤੇ ਕੌਤਕ-ਤਮਾਸ਼ੇ ਆਨੰਦ ਹੋ ਰਹੇ ਹਨ,
24132	544	ਮਨਿ ਤਨਿ ਰਵਿ ਰਹਿਆ ਪ੍ਰਭ ਪਰਮਾਨੰਦਾ॥		Man Than Rav Rehiaa Prabh Paramaanandhaa ||	The mind and body are permeated by God, the Lord of supreme bliss.	ਜਿਸ ਦੇ ਮਨ ਤੇ ਤਨ ਵਿੱਚ ਸਭ ਤੋਂ ਸ੍ਰੇਸ਼ਟ ਆਨੰਦ ਦਾ ਮਾਲਕ-ਪ੍ਰਭੂ ਆ ਵੱਸਦਾ ਹੈ।

24133	544	ਹਰਿ ਕੰਤ ਅਨੰਤ ਦਇਆਲ ਸ੍ਰੀਧਰ ਗੋਬਿੰਦ ਪਤਿਤ ਉਧਾਰਣੋ॥	(ਸ੍ਰੀਧਰ) ਮਾਇਆ ਦਾ ਪਤੀ	Har Kanth Ananth Dhaeiaal Sreedhhar Gobindh Pathith Oudhhaarano ||	My Husband Lord is infinite and merciful; He is the Lord of wealth, the Lord of the Universe, the Saving Grace of sinners.	ਪ੍ਰਭੂ-ਪਤੀ ਬੇਅੰਤ ਹੈ, ਸਦਾ ਦਇਆ ਦਾ ਘਰ ਹੈ, ਲੱਛਮੀ ਦਾ ਆਸਰਾ ਹੈ, ਸ੍ਰਿਸ਼ਟੀ ਦੀ ਸਾਰ ਲੈਣ ਵਾਲਾ ਹੈ, ਵਿਕਾਰੀਆਂ ਨੂੰ ਵਿਕਾਰਾਂ ਤੋਂ ਬਚਾਣ ਵਾਲਾ ਹੈ।
24134	544	ਪ੍ਰਭਿ ਕ੍ਰਿਪਾ ਧਾਰੀ ਹਰਿ ਮੁਰਾਰੀ ਭੈ ਸਿੰਧੁ ਸਾਗਰ ਤਾਰਣੋ॥		Prabh Kirapaa Dhhaaree Har Muraaree Bhai Sindhh Saagar Thaarano ||	God, the Giver of mercy, the Lord, the Destroyer of pride, carries us across the terrifying world-ocean of poison.	ਉਸ ਮੁਰਾਰੀ ਪ੍ਰਭੂ ਨੇ ਜਿਸ ਜੀਵ ਉੱਤੇ ਮੇਹਰ ਦੀ ਨਿਗਾਹ ਕਰ ਦਿੱਤੀ, ਉਸ ਜੀਵ ਨੂੰ ਅਨੇਕਾਂ ਸਹਿਮਾਂ-ਭਰੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲਿਆ।
24135	544	ਜੋ ਸਰਣਿ ਆਵੈ ਤਿਸੁ ਕੰਠਿ ਲਾਵੈ ਇਹੁ ਬਿਰਦੁ ਸੁਆਮੀ ਸੰਦਾ॥	(ਸੰਦਾ) ਦਾ	Jo Saran Aavai This Kanth Laavai Eihu Biradh Suaamee Sandhaa ||	The Lord lovingly embraces whoever comes to the Lord's Sanctuary - this is the way of the Lord and Master.	ਮਾਲਕ-ਪ੍ਰਭੂ ਦਾ ਇਹ ਮੁੱਢ-ਕਦੀਮਾਂ ਦਾ ਸੁਭਾਉ ਹੈ ਕਿ ਜੇਹੜਾ ਜੀਵ ਉਸ ਦੀ ਸਰਨ ਆਉਂਦਾ ਹੈ ਉਸ ਨੂੰ ਉਹ ਆਪਣੇ ਗਲ ਨਾਲ ਲਾ ਲੈਂਦਾ ਹੈ।
24136	544	ਬਿਨਵੰਤਿ ਨਾਨਕ ਹਰਿ ਕੰਤੁ ਮਿਲਿਆ ਸਦਾ ਕੇਲ ਕਰੰਦਾ॥੪॥੧॥੪॥		Binavanth Naanak Har Kanth Miliaa Sadhaa Kael Karandhaa ||4||1||4||	Prays Nanak, I have met my Husband Lord, who plays with me forever. ||4||1||4||	ਨਾਨਕ ਬੇਨਤੀ ਕਰਦਾ ਹੈ ਕਿ ਤੇ ਉਹ ਸਦਾ ਚੋਜ-ਤਮਾਸ਼ੇ ਕਰਨ ਵਾਲਾ ਪ੍ਰਭੂ (ਉਸ ਸਰਨ ਆਏ ਨੂੰ) ਮਿਲ ਪੈਂਦਾ ਹੈ ॥੪॥੧॥੪॥
24137	544	ਬਿਹਾਗੜਾ ਮਹਲਾ ੫॥		Bihaagarraa Mehalaa 5 ||	Bihaagraa, Fifth Mehl:	

24138	544	ਹਰਿ ਚਰਣ ਸਰੋਵਰ ਤਹ ਕਰਹੁ ਨਿਵਾਸੁ ਮਨਾ॥		Har Charan Sarovar Theh Karahu Nivaas Manaa ||	The Lord's Feet are the Pools of Ambrosial Nectar; your dwelling is there, O my mind.	ਹੇ ਮੇਰੇ ਮਨ! ਪਰਮਾਤਮਾ ਦੇ ਚਰਨ (ਮਾਨੋ) ਸੁੰਦਰ ਤਾਲਾਬ ਹੈ, ਉਸ ਵਿਚ ਤੂੰ (ਸਦਾ) ਟਿਕਿਆ ਰਹੁ।
24139	545	ਕਰਿ ਮਜਨੁ ਹਰਿ ਸਰੇ ਸਭਿ ਕਿਲਬਿਖ ਨਾਸੁ ਮਨਾ॥		Kar Majan Har Sarae Sabh Kilabikh Naas Manaa ||	Take your cleansing bath in the Ambrosial Pool of the Lord, and all of your sins shall be wiped away, O my soul.	ਹੇ ਮਨ! ਪਰਮਾਤਮਾ (ਦੀ ਸਿਫ਼ਤ-ਸਾਲਾਹ) ਦੇ ਤਾਲਾਬ ਵਿਚ ਇਸ਼ਨਾਨ ਕਰਿਆ ਕਰ, ਤੇਰੇ ਸਾਰੇ ਪਾਪਾਂ ਦਾ ਨਾਸ ਹੋ ਜਾਇਗਾ।
24140	545	ਕਰਿ ਸਦਾ ਮਜਨੁ ਗੋਬਿੰਦ ਸਜਨੁ ਦੁਖ ਅੰਧੇਰਾ ਨਾਸੇ॥	ਮੱਜਨੁ। ਸੱਜਨੁ	Kar Sadhaa Majan Gobindh Sajan Dhukh Andhhaeraa Naasae ||	Take your cleansing ever in the Lord God, O friends, and the pain of darkness shall be dispelled.	ਹੇ ਮਨ! ਸਦਾ (ਹਰਿ-ਸਰ ਵਿਚ) ਇਸ਼ਨਾਨ ਕਰਦਾ ਰਿਹਾ ਕਰ! ਇੰਜ ਮਿੱਤਰ ਪ੍ਰਭੂ ਸਾਰੇ ਦੁੱਖ ਨਾਸ ਕਰ ਦੇਂਦਾ ਹੈ ਤੇ ਮੋਹ ਦਾ ਹਨੇਰਾ ਦੂਰ ਹੋ ਜਾਂਦਾ ਹੈ।
24141	545	ਜਨਮ ਮਰਣੁ ਨ ਹੋਇ ਤਿਸ ਕਉ ਕਟੈ ਜਮ ਕੇ ਫਾਸੇ॥		Janam Maran N Hoe This Ko Kattai Jam Kae Faasae ||	Birth and death shall not touch you, and the noose of Death shall be cut away.	ਇੰਜ ਮਨੁੱਖ ਨੂੰ ਜਨਮ-ਮਰਨ ਦਾ ਗੇੜ ਨਹੀਂ ਭੁਗਤਣਾ ਪੈਂਦਾ, ਮਿੱਤਰ-ਪ੍ਰਭੂ ਉਸ ਦੀਆਂ ਜਮ ਦੀਆਂ ਫਾਹੀਆਂ (ਆਤਮਕ ਮੌਤ ਲਿਆਉਣ ਵਾਲੀਆਂ ਫਾਹੀਆਂ) ਕੱਟ ਦੇਂਦਾ ਹੈ।

24142	545	ਮਿਲੁ ਸਾਧਸੰਗੇ ਨਾਮ ਰੰਗੇ ਤਹਾ ਪੂਰਨ ਆਸੋ॥		Mil Saadhhasangae Naam Rangae Thehaa Pooran Aaso ||	So join the Saadh Sangat, the Company of the Holy, and be imbued with the Naam, the Name of the Lord; there, your hopes shall be fulfilled.	ਸਾਧ ਸੰਗਤ ਵਿਚ ਮਿਲ ਕੇ ਪਰਮਾਤਮਾ ਦੇ ਨਾਮ-ਰੰਗ ਵਿਚ ਜੁੜਿਆਂ ਤੇਰੀ ਹਰੇਕ ਆਸ ਪੂਰੀ ਹੋਵੇਗੀ।
24143	545	ਬਿਨਵੰਤਿ ਨਾਨਕ ਧਾਰਿ ਕਿਰਪਾ ਹਰਿ ਚਰਣਕਮਲ ਨਿਵਾਸੋ॥੧॥		Binavanth Naanak Dhhaar Kirapaa Har Charan Kamal Nivaaso ||1||	Prays Nanak, shower Your Mercy upon me, O Lord, that I might dwell at Your Lotus Feet. ||1||	ਨਾਨਕ ਬੇਨਤੀ ਕਰਦਾ ਹੈ ਕਿ ਹੇ ਹਰੀ! ਕਿਰਪਾ ਕਰ! ਤੇਰੇ ਸੋਹਣੇ ਕੋਮਲ ਚਰਨਾਂ ਵਿਚ ਮੇਰਾ ਮਨ ਸਦਾ ਟਿਕਿਆ ਰਹੇ ॥੧॥
24144	545	ਤਹ ਅਨਦ ਬਿਨੋਦ ਸਦਾ ਅਨਹਦ ਝੁਣਕਾਰੋ ਰਾਮ॥		Theh Anadh Binodh Sadhaa Anehadh Jhunakaaro Raam ||	There is bliss and ecstasy there always, and the unstruck celestial melody resounds there.	ਸਾਧ ਸੰਗਤ ਵਿਚ ਸਦਾ ਆਤਮਕ ਆਨੰਦ ਤੇ ਖ਼ੁਸ਼ੀਆਂ ਦੀ (ਮਾਨੋ) ਇਕ-ਰਸ ਰੌ ਚਲੀ ਰਹਿੰਦੀ ਹੈ।
24145	545	ਮਿਲਿ ਗਾਵਹਿ ਸੰਤ ਜਨਾ ਪ੍ਰਭ ਕਾ ਜੈਕਾਰੋ ਰਾਮ॥		Mil Gaavehi Santh Janaa Prabh Kaa Jaikaaro Raam ||	Meeting together, the Saints sing God's Praises, and celebrate His Victory.	ਸਾਧ ਸੰਗਤ ਵਿਚ ਸੰਤ ਜਨ ਮਿਲ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ।

24146	545	ਮਿਲਿ ਸੰਤ ਗਾਵਹਿ ਖਸਮ ਭਾਵਹਿ ਹਰਿ ਪ੍ਰੇਮ ਰਸ ਰੰਗਿ ਭਿੰਨੀਆ॥		Mil Santh Gaavehi Khasam Bhaavehi Har Praem Ras Rang Bhinneeaa ||	Meeting together, the Saints sing the Praises of the Lord Master; they are pleasing to the Lord, and saturated with the sublime essence of His love and affection.	ਸੰਤ ਜਨ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਹਨ, ਉਹ ਖ਼ਸਮ-ਪ੍ਰਭੂ ਨੂੰ ਪਿਆਰੇ ਲੱਗਦੇ ਹਨ, ਉਹਨਾਂ ਦੀ ਸੁਰਤਿ ਪਰਮਾਤਮਾ ਦੇ ਪ੍ਰੇਮ-ਰਸ ਦੇ ਰੰਗ ਵਿਚ ਭਿੱਜੀ ਰਹਿੰਦੀ ਹੈ।
24147	545	ਹਰਿ ਲਾਭੁ ਪਾਇਆ ਆਪੁ ਮਿਟਾਇਆ ਮਿਲੇ ਚਿਰੀ ਵਿਛੁੰਨਿਆ॥		Har Laabh Paaeiaa Aap Mittaaeiaa Milae Chiree Vishhunniaa ||	They obtain the profit of the Lord, eliminate their self-conceit, and meet Him, from whom they were separated for so long.	ਉਹ ਪਰਮਾਤਮਾ ਦੇ ਨਾਮ ਦੀ ਖੱਟੀ ਖੱਟਦੇ ਹਨ, (ਆਪਣੇ ਅੰਦਰੋਂ) ਆਪਾ-ਭਾਵ ਮਿਟਾ ਲੈਂਦੇ ਹਨ, ਚਿਰਾਂ ਤੋਂ ਵਿਛੁੜੇ ਹੋਏ (ਪਰਮਾਤਮਾ) ਨੂੰ ਮਿਲ ਪੈਂਦੇ ਹਨ।
24148	545	ਗਹਿ ਭੁਜਾ ਲੀਨੇ ਦਇਆ ਕੀਨੇ ਪ੍ਰਭ ਏਕ ਅਗਮ ਅਪਾਰੋ॥	ਦਇਆ	Gehi Bhujaa Leenae Dhaeiaa Keenhae Prabh Eaek Agam Apaaro ||	Taking them by the arm, He makes them His own; God, the One, inaccessible and infinite, bestows His kindness.	ਅਪਹੁੰਚ ਤੇ ਬੇਅੰਤ ਪਰਮਾਤਮਾ ਉਹਨਾਂ ਉਤੇ ਦਇਆ ਕਰਦਾ ਹੈ, (ਉਹਨਾਂ ਦੀ) ਬਾਂਹ ਫੜ ਕੇ (ਉਹਨਾਂ ਨੂੰ) ਆਪਣੇ ਬਣਾ ਲੈਂਦਾ ਹੈ।
24149	545	ਬਿਨਵੰਤਿ ਨਾਨਕ ਸਦਾ ਨਿਰਮਲ ਸਚੁ ਸਬਦੁ ਰੁਣ ਝੁਣਕਾਰੋ॥੨॥		Binavanth Naanak Sadhaa Niramal Sach Sabadh Run Jhunakaaro ||2||	Prays Nanak, forever immaculate are those who sing the Praises of the True Word of the Shabad. ||2||	ਨਾਨਕ ਬੇਨਤੀ ਕਰਦਾ ਹੈ ਕਿ ਉਹ ਸੰਤ ਜਨ ਸਦਾ ਲਈ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ, ਪਰਮਾਤਮਾ ਦੀ ਸਿਫ਼ਤ ਸਾਲਾਹ ਦੀ ਬਾਣੀ ਉਹਨਾਂ ਦੇ ਅੰਦਰ ਮਿੱਠੀ ਮਿੱਠੀ ਰੌ ਚਲਾਈ ਰੱਖਦੀ ਹੈ ॥੨॥

24150	545	ਸੁਣਿ ਵਡਭਾਗੀਆ ਹਰਿ ਅੰਮ੍ਰਿਤ ਬਾਣੀ ਰਾਮ॥		Sun Vaddabhaageeaa Har Anmrith Baanee Raam ||	Listen, O most fortunate ones, to the Ambrosial Bani of the Word of the Lord.	ਹੇ ਭਾਗਾਂ ਵਾਲੇ! ਆਤਮਕ ਜੀਵਨ ਦੇਣ ਵਾਲੀ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਸਦਾ ਸੁਣਿਆ ਕਰ।
24151	545	ਜਿਨ ਕਉ ਕਰਮਿ ਲਿਖੀ ਤਿਸੁ ਰਿਦੈ ਸਮਾਣੀ ਰਾਮ॥		Jin Ko Karam Likhee This Ridhai Samaanee Raam ||	He alone, whose karma is so pre-ordained, has it enter into his heart.	ਇਹ ਬਾਣੀ ਉਸ ਉਸ (ਵਡ-ਭਾਗੀ) ਦੇ ਹਿਰਦੇ ਵਿਚ ਵੱਸਦੀ ਹੈ ਜਿਨ੍ਹਾਂ ਦੇ ਮੱਥੇ ਉਤੇ ਪਰਮਾਤਮਾ ਦੀ ਬਖ਼ਸ਼ਸ਼ ਨਾਲ ਇਸ ਦੀ ਪ੍ਰਾਪਤੀ ਦਾ ਲੇਖ ਲਿਖਿਆ ਹੁੰਦਾ ਹੈ।
24152	545	ਅਕਥ ਕਹਾਣੀ ਤਿਨੀ ਜਾਣੀ ਜਿਸੁ ਆਪਿ ਪ੍ਰਭੁ ਕਿਰਪਾ ਕਰੇ॥	ਅ-ਕਥ:ਪੋਲਾ ਬੋਲੋ	Akathh Kehaanee Thinee Jaanee Jis Aap Prabh Kirapaa Karae ||	He alone knows the Unspoken Speech, unto whom God has shown His Mercy.	ਜਿਸ ਜਿਸ ਮਨੁੱਖ ਉੱਤੇ ਪ੍ਰਭੂ ਆਪ ਕਿਰਪਾ ਕਰਦਾ ਹੈ ਉਹ ਬੰਦੇ ਅਕੱਥ ਪ੍ਰਭੂ ਦੀ ਸਿਫ਼ਤ-ਸਾਲਾਹ ਨਾਲ ਸਾਂਝ ਪਾਂਦੇ ਹਨ।
24153	545	ਅਮਰੁ ਥੀਆ ਫਿਰਿ ਨ ਮੂਆ ਕਲਿ ਕਲੇਸਾ ਦੁਖ ਹਰੇ॥		Amar Thheeaa Fir N Mooaa Kal Kalaesaa Dhukh Harae ||	He becomes immortal, and shall not die again; his troubles, disputes and pains are dispelled.	(ਸਿਫ਼ਤ-ਸਾਲਾਹ ਨਾਲ) ਮਨੁੱਖ ਅਟੱਲ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ ਤੇ ਮੁੜ ਕਦੇ ਆਤਮਕ ਮੌਤ ਨਹੀਂ ਸਹੇੜਦਾ ਤੇ ਇੰਜ ਸਾਰੇ ਦੁੱਖ ਕਲੇਸ਼ ਝਗੜੇ ਦੂਰ ਕਰ ਲੈਂਦਾ ਹੈ।

24154	545	ਹਰਿ ਸਰਣਿ ਪਾਈ ਤਜਿ ਨ ਜਾਈ ਪ੍ਰਭ ਪ੍ਰੀਤਿ ਮਨਿ ਤਨਿ ਭਾਣੀ॥		Har Saran Paaee Thaj N Jaaee Prabh Preeth Man Than Bhaanee ||	He finds the Sanctuary of the Lord; he does not forsake the Lord, and does not leave. God's Love is pleasing to his mind and body.	ਇੰਜ ਮਨੁੱਖ ਪਰਮਾਤਮਾ ਦੀ ਸਰਨ ਪ੍ਰਾਪਤ ਕਰ ਲੈਂਦਾ ਹੈ ਜੋ ਕਦੇ ਛੱਡ ਕੇ ਨਹੀਂ ਜਾਂਦਾ ਤੇ ਉਸ ਮਨੁੱਖ ਦੇ ਮਨ ਵਿਚ, ਹਿਰਦੇ ਵਿਚ ਪ੍ਰਭੂ ਦੀ ਪ੍ਰੀਤ ਪਿਆਰੀ ਲੱਗਣ ਲੱਗ ਪੈਂਦੀ ਹੈ।
24155	545	ਬਿਨਵੰਤਿ ਨਾਨਕ ਸਦਾ ਗਾਈਐ ਪਵਿਤ੍ਰ ਅੰਮ੍ਰਿਤ ਬਾਣੀ॥੩॥		Binavanth Naanak Sadhaa Gaaeeai Pavithr Anmrith Baanee ||3||	Prays Nanak, sing forever the Sacred Ambrosial Bani of His Word. ||3||	ਨਾਨਕ ਬੇਨਤੀ ਕਰਦਾ ਹੈ ਕਿ ਆਤਮਕ ਜੀਵਨ ਦੇਣ ਵਾਲੀ ਸਿਫ਼ਤ-ਸਾਲਾਹ ਦੀ ਪਵਿਤ੍ਰ ਬਾਣੀ ਸਦਾ ਗਾਣੀ ਚਾਹੀਦੀ ਹੈ ॥੩॥
24156	545	ਮਨ ਤਨ ਗਲਤੁ ਭਏ ਕਿਛੁ ਕਹਣੁ ਨ ਜਾਈ ਰਾਮ॥	(ਪੋਲਾਗਲਤੁ) ਗਲਤਾਨ ਲੀਨ	Man Than Galath Bheae Kishh Kehan N Jaaee Raam ||	My mind and body are intoxicated - this state cannot be described.	ਇੰਜ ਮਨ ਤੇ ਹਿਰਦਾ (ਪਰਮਾਤਮਾ ਦੀ ਯਾਦ ਵਿਚ) ਮਸਤ ਹੋ ਜਾਂਦਾ ਹੈ ਜਿਸ ਨੂੰ ਬਿਆਨ ਕਰਨਾ ਔਖਾ ਹੈ।
24157	545	ਜਿਸ ਤੇ ਉਪਜਿਅੜਾ ਤਿਨਿ ਲੀਆ ਸਮਾਈ ਰਾਮ॥		Jis Thae Oupajiarraa Thin Leeaa Samaaee Raam ||	We originated from Him, and into Him we shall merge once again.	ਜਿਸ ਪਰਮਾਤਮਾ ਤੋਂ ਉਹ ਪੈਦਾ ਹੋਇਆ ਸੀ ਉਸੇ ਵਿਚ ਜਾਂਦਾ ਹੈ।
24158	545	ਮਿਲਿ ਬ੍ਰਹਮ ਜੋਤੀ ਓਤਿ ਪੋਤੀ ਉਦਕੁ ਉਦਕਿ ਸਮਾਇਆ॥	(ਪੋਤੀ) ਤਾਣੇ ਪੇਟੇ ਦੀ ਤਰ੍ਹਾਂ। (ਉਦਕਿ) ਜਲ	Mil Breham Jothee Outh Pothee Oudhak Oudhak Samaaeiaa ||	I merge into God's Light, through and through, like water merging into water.	ਤਾਣੇ ਪੇਟੇ ਵਾਂਗ ਪਰਮਾਤਮਾ ਦੀ ਜੋਤਿ ਵਿਚ ਇੰਜ ਮਿਲ ਜਾਂਦਾ ਹੈ ਜਿਵਾਂ ਪਾਣੀ ਵਿਚ ਪਾਣੀ ਮਿਲ ਜਾਂਦਾ ਹੈ।

24159	545	ਜਲਿ ਥਲਿ ਮਹੀਅਲਿ ਏਕੁ ਰਵਿਆ ਨਹ ਦੂਜਾ ਦ੍ਰਿਸਟਾਇਆ॥		Jal Thhal Meheeal Eaek Raviaa Neh Dhoojaa Dhrisattaaeiaa ||	The One Lord permeates the water, the land and the sky - I do not see any other.	(ਫਿਰ ਮਨੁੱਖ ਨੂੰ) ਇਕ ਪਰਮਾਤਮਾ ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ ਮੌਜੂਦ ਦਿੱਸਦਾ ਹੈ ਤੇ (ਉਸ ਤੋਂ ਬਿਨਾ) ਕੋਈ ਹੋਰ ਨਹੀਂ ਦਿੱਸਦਾ।
24160	545	ਬਨਿ ਤ੍ਰਿਨਿ ਤ੍ਰਿਭਵਣਿ ਪੂਰਿ ਪੂਰਨ ਕੀਮਤਿ ਕਹਣੁ ਨ ਜਾਈ॥		Ban Thrin Thribhavan Poor Pooran Keemath Kehan N Jaaee ||	He is totally permeating the woods, meadows and the three worlds. I cannot express His worth.	(ਫਿਰ ਮਨੁੱਖ ਨੂੰ) ਪਰਮਾਤਮਾ ਜੰਗਲ ਵਿਚ, ਘਾਹ (ਦੇ ਹਰੇਕ ਤੀਲੇ) ਵਿਚ, ਸਾਰੇ ਸੰਸਾਰ ਵਿਚ ਵਿਆਪਕ ਜਾਪਦਾ ਹੈ ਤੇ ਐਸੇ (ਮਨੁੱਖ ਦੀ ਆਤਮਕ ਅਵਸਥਾ ਦਾ) ਮੁੱਲ ਬਿਆਨ ਨਹੀਂ ਕੀਤਾ ਜਾ ਸਕਦਾ।
24161	545	ਬਿਨਵੰਤਿ ਨਾਨਕ ਆਪਿ ਜਾਣੈ ਜਿਨਿ ਏਹ ਬਣਤ ਬਣਾਈ॥੪॥੨॥੫॥		Binavanth Naanak Aap Jaanai Jin Eaeh Banath Banaaee ||4||2||5||	Prays Nanak, He alone knows - He who created this creation. ||4||2||5||	ਨਾਨਕ ਬੇਨਤੀ ਕਰਦਾ ਹੈ ਕਿ ਜਿਸ ਪਰਮਾਤਮਾ ਨੇ (ਉਸ ਮਨੁੱਖ ਦੀ ਆਤਮਕ ਅਵਸਥਾ ਦੀ) ਇਹ ਖੇਡ ਬਣਾ ਦਿੱਤੀ ਉਹ ਆਪ ਹੀ ਉਸ ਨੂੰ ਸਮਝਦਾ ਹੈ ॥੪॥੨॥੫॥
24162	545	ਬਿਹਾਗੜਾ ਮਹਲਾ ੫॥		Bihaagarraa Mehalaa 5 ||	Bihaagraa, Fifth Mehl:	
24163	545	ਖੋਜਤ ਸੰਤ ਫਿਰਹਿ ਪ੍ਰਭ ਪ੍ਰਾਣ ਅਧਾਰੇ ਰਾਮ॥		Khojath Santh Firehi Prabh Praan Adhhaarae Raam ||	The Saints go around, searching for God, the support of their breath of life.	ਸੰਤ ਜਨ ਜਿੰਦ ਦੇ ਆਸਰੇ ਪਰਮਾਤਮਾ ਨੂੰ (ਸਦਾ) ਭਾਲਦੇ ਫਿਰਦੇ ਹਨ,

24164	545	ਤਾਣੁ ਤਨੁ ਖੀਨ ਭਇਆ ਬਿਨੁ ਮਿਲਤ ਪਿਆਰੇ ਰਾਮ॥		Thaan Than Kheen Bhaeiaa Bin Milath Piaarae Raam ||	They lose the strength of their bodies, if they do not merge with their Beloved Lord.	ਪਿਆਰੇ ਪ੍ਰਭੂ ਨੂੰ ਮਿਲਣ ਤੋਂ ਬਿਨਾ ਉਹਨਾਂ ਦਾ ਸਰੀਰ ਲਿੱਸਾ ਪੈ ਜਾਂਦਾ ਹੈ ਉਹਨਾਂ ਦਾ ਸਰੀਰਕ ਬਲ ਘਟ ਜਾਂਦਾ ਹੈ।
24165	545	ਪ੍ਰਭ ਮਿਲਹੁ ਪਿਆਰੇ ਮਇਆ ਧਾਰੇ ਕਰਿ ਦਇਆ ਲੜਿ ਲਾਇ ਲੀਜੀਐ॥	ਮਇਆ ਦਇਆ	Prabh Milahu Piaarae Maeiaa Dhhaarae Kar Dhaeiaa Larr Laae Leejeeai ||	O God, my Beloved, please, bestow Your kindness upon me, that I may merge with You; by Your Mercy, attach me to the hem of Your robe.	ਹੇ ਪਿਆਰੇ ਪ੍ਰਭੂ! ਮੇਹਰ ਕਰ ਕੇ ਮੈਨੂੰ ਮਿਲ, ਦਇਆ ਕਰ ਕੇ ਮੈਨੂੰ ਆਪਣੇ ਲੜ ਲਾ ਲੈ।
24166	545	ਦੇਹਿ ਨਾਮੁ ਅਪਨਾ ਜਪਉ ਸੁਆਮੀ ਹਰਿ ਦਰਸ ਪੇਖੇ ਜੀਜੀਐ॥		Dhaehi Naam Apanaa Japo Suaamee Har Dharas Paekhae Jeejeeai ||	Bless me with Your Name, that I may chant it, O Lord and Master; beholding the Blessed Vision of Your Darshan, I live.	ਹੇ ਮੇਰੇ ਸੁਆਮੀ! ਮੈਨੂੰ ਆਪਣਾ ਨਾਮ ਦੇਹ, ਮੈਂ (ਤੇਰੇ ਨਾਮ ਨੂੰ ਸਦਾ) ਜਪਦਾ ਰਹਾਂ, ਤੇਰਾ ਦਰਸ਼ਨ ਕਰ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੋ ਜਾਂਦਾ ਹੈ।
24167	545	ਸਮਰਥ ਪੂਰਨ ਸਦਾ ਨਿਹਚਲ ਊਚ ਅਗਮ ਅਪਾਰੇ॥	ਸਮਰੱਥ	Samarathh Pooran Sadhaa Nihachal Ooch Agam Apaarae ||	He is all-powerful, perfect, eternal and unchanging, exalted, unapproachable and infinite.	ਹੇ ਸਭ ਤਾਕਤਾਂ ਦੇ ਮਾਲਕ! ਹੇ ਸਰਬ-ਵਿਆਪਕ! ਹੇ ਸਦਾ ਅਟੱਲ ਰਹਿਣ ਵਾਲੇ! ਹੇ ਸਭ ਤੋਂ ਉੱਚੇ! ਹੇ ਅਪਹੁੰਚ! ਹੇ ਬੇਅੰਤ!

24168	545	ਬਿਨਵੰਤਿ ਨਾਨਕ ਧਾਰਿ ਕਿਰਪਾ ਮਿਲਹੁ ਪ੍ਰਾਨ ਪਿਆਰੇ॥੧॥		Binavanth Naanak Dhhaar Kirapaa Milahu Praan Piaarae ||1||	Prays Nanak, bestow Your Mercy upon me, O Beloved of my soul, that I may merge with You. ||1||	ਨਾਨਕ ਬੇਨਤੀ ਕਰਦਾ ਹੈ ਕਿ ਹੇ ਜਿੰਦ ਤੋਂ ਪਿਆਰੇ, ਮੇਹਰ ਕਰ ਕੇ ਮੈਨੂੰ ਆ ਮਿਲ! ॥੧॥
24169	545	ਜਪ ਤਪ ਬਰਤ ਕੀਨੇ ਪੇਖਨ ਕਉ ਚਰਣਾ ਰਾਮ॥		Jap Thap Barath Keenae Paekhan Ko Charanaa Raam ||	I have practiced chanting, intensive meditation and fasting, to see Your Feet, O Lord.	ਪਰਮਾਤਮਾ ਦੇ ਚਰਨਾਂ ਦਾ ਦਰਸਨ ਕਰਨ ਵਾਸਤੇ ਅਨੇਕਾਂ ਜਪ ਕੀਤੇ, ਧੂਣੀਆਂ ਤਪਾਈਆਂ, ਵਰਤ ਰੱਖੇ;
24170	545	ਤਪਤਿ ਨ ਕਤਹਿ ਬੁਝੈ ਬਿਨੁ ਸੁਆਮੀ ਸਰਣਾ ਰਾਮ॥	ਬੁਝੈ:ਪੋਲਾ ਬੋਲੋ	Thapath N Kathehi Bujhai Bin Suaamee Saranaa Raam ||	But still, my burning is not quenched, without the Sanctuary of the Lord Master.	ਪਰ ਮਾਲਕ-ਪ੍ਰਭੂ ਦੀ ਸਰਨ ਤੋਂ ਬਿਨਾ ਕਿਤੇ ਭੀ ਮਨ ਦੀ ਤਪਸ਼ ਨਹੀਂ ਬੁੱਝਦੀ।
24171	545	ਪ੍ਰਭ ਸਰਣਿ ਤੇਰੀ ਕਾਟਿ ਬੇਰੀ ਸੰਸਾਰੁ ਸਾਗਰੁ ਤਾਰੀਐ॥		Prabh Saran Thaeree Kaatt Baeree Sansaar Saagar Thaareeai ||	I seek Your Sanctuary, God - please, cut away my bonds and carry me across the world-ocean.	ਹੇ ਪ੍ਰਭੂ! (ਜਪਾਂ ਤਪਾਂ ਦੇ ਆਸਰੇ ਛੱਡ ਕੇ) ਮੈਂ ਤੇਰੀ ਸਰਨ ਆਇਆ ਹਾਂ, ਮੇਰੀ ਮਾਇਆ ਦੇ ਮੋਹ ਦੀ ਬੇੜੀ ਕੱਟ ਦੇ, ਮੈਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈ।

24172	545	ਅਨਾਥ ਨਿਰਗੁਨਿ ਕਛੁ ਨ ਜਾਨਾ ਮੇਰਾ ਗੁਣੁ ਅਉਗਣੁ ਨ ਬੀਚਾਰੀਐ॥		Anaathh Niragun Kashh N Jaanaa Maeraa Gun Aougan N Beechaareeai ||	I am masterless, worthless, and I know nothing; please do not count up my merits and demerits.	ਹੇ ਪ੍ਰਭੂ! ਮੇਰਾ ਹੋਰ ਕੋਈ ਆਸਰਾ ਨਹੀਂ, ਮੈਂ ਗੁਣ-ਹੀਨ ਹਾਂ, (ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ) ਮੈਂ ਕੋਈ ਢੰਗ ਨਹੀਂ ਜਾਣਦਾ। ਤੂੰ ਮੇਰੇ ਗੁਣ ਤੇ ਔਗੁਣ ਖ਼ਿਆਲ ਨਾ ਕਰ!
24173	545	ਦੀਨ ਦਇਆਲ ਗੋਪਾਲ ਪ੍ਰੀਤਮ ਸਮਰਥ ਕਾਰਣ ਕਰਣਾ॥	ਸਮਰੱਥ	Dheen Dhaeiaal Gopaal Preetham Samarathh Kaaran Karanaa ||	O Lord, Merciful to the meek, Sustainer of the world, O Beloved, Almighty Cause of causes.	ਹੇ ਦੀਨਾਂ ਉੱਤੇ ਦਇਆ ਕਰਨ ਵਾਲੇ! ਹੇ ਸ੍ਰਿਸ਼ਟੀ ਦੇ ਰਾਖੇ! ਹੇ ਪ੍ਰੀਤਮ! ਹੇ ਸਾਰੀਆਂ ਤਾਕਤਾਂ ਦੇ ਮਾਲਕ! ਹੇ ਜਗਤ ਦੇ ਮੂਲ!
24174	545	ਨਾਨਕ ਚਾਤ੍ਰਿਕ ਹਰਿ ਬੂੰਦ ਮਾਗੈ ਜਪਿ ਜੀਵਾ ਹਰਿ ਹਰਿ ਚਰਣਾ॥੨॥		Naanak Chaathrik Har Boondh Maagai Jap Jeevaa Har Har Charanaa ||2||	Nanak, the song-bird, begs for the rain-drop of the Lord's Name; meditating on the Feet of the Lord, Har, Har, he lives. ||2||	ਹੇ ਨਾਨਕ! ਜਿਵੇਂ ਪਪੀਹਾ (ਵਰਖਾ ਦੀ) ਬੂੰਦ ਮੰਗਦਾ ਹੈ ਤਿਵੇਂ ਹੀ ਪ੍ਰਭੂ ਦੇ ਚਰਨਾਂ ਦਾ ਧਿਆਨ ਧਰ ਕੇ ਤੇ ਨਾਮ-ਜਪ ਕੇ ਮੈਂ ਜੀਉਂਦਾ ਹਾਂ ॥੨॥
24175	546	ਅਮਿਅ ਸਰੋਵਰੋ ਪੀਉ ਹਰਿ ਹਰਿ ਨਾਮਾ ਰਾਮ॥	(ਅਮਿਅ) ਅੰਮ੍ਰਿਤ	Amia Sarovaro Peeo Har Har Naamaa Raam ||	Drink in the Ambrosial Nectar from the pool of the Lord; chant the Name of the Lord, Har, Har.	ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲੇ ਜਲ ਦਾ ਪਵਿਤ੍ਰ ਤਾਲਾਬ ਹੈ, (ਇਸ ਵਿਚੋਂ) ਪੀਂਦੇ ਰਿਹਾ ਕਰੋ।

24176	546	ਸੰਤਹ ਸੰਗਿ ਮਿਲੈ ਜਪਿ ਪੂਰਨ ਕਾਮਾ ਰਾਮ॥		Santheh Sang Milai Jap Pooran Kaamaa Raam ||	In the Society of the Saints, one meets the Lord; meditating on Him, one's affairs are resolved.	(ਪਰ ਇਹ ਨਾਮ-ਜਲ) ਸੰਤ ਜਨਾਂ ਦੀ ਸੰਗਤ ਵਿਚ ਰਿਹਾਂ ਮਿਲਦਾ ਹੈ। ਇਹ ਹਰਿ-ਨਾਮ ਜਪ ਕੇ ਸਾਰੇ ਕਾਰਜ ਸਿਰੇ ਚੜ੍ਹ ਜਾਂਦੇ ਹਨ।
24177	546	ਸਭ ਕਾਮ ਪੂਰਨ ਦੁਖ ਬਿਦੀਰਨ ਹਰਿ ਨਿਮਖ ਮਨਹੁ ਨ ਬੀਸਰੈ॥	(ਬਿ-ਦੀਰਨ) ਕਟਣ ਵਾਲੇ	Sabh Kaam Pooran Dhukh Bidheeran Har Nimakh Manahu N Beesarai ||	God is the One who accomplishes everything; He is the Dispeller of pain. Never forget Him from your mind, even for an instant.	ਜਿਸ ਦੇ ਮਨ ਵਿੱਚੋਂ ਪਰਮਾਤਮਾ ਅੱਖ ਝਮਕਣ ਜਿਤਨੇ ਸਮੇ ਲਈ ਭੀ ਨਹੀਂ ਵਿਸਰਦਾ, ਉਸ ਦੇ ਸਾਰੇ ਕਾਰਜ ਸਿਰੇ ਚੜ੍ਹ ਜਾਂਦੇ ਹਨ ਤੇ ਸਭ ਦੁੱਖ ਨਾਸ ਹੋ ਜਾਂਦੇ ਹਨ,
24178	546	ਆਨੰਦ ਅਨ ਦਿਨੁ ਸਦਾ ਸਾਚਾ ਸਰਬ ਗੁਣ ਜਗਦੀਸਰੈ॥	ਜੱਗਦੀਸਰੈ	Aanandh Anadhin Sadhaa Saachaa Sarab Gun Jagadheesarai ||	He is blissful, night and day; He is forever True. All Glories are contained in the Lord in the Universe.	ਅਤੇ ਉਹ ਦਿਨ-ਰਾਤ, ਸਦਾ ਆਤਮਕ ਆਨੰਦ ਮਾਣਦਾ ਹੈ, ਕਿਉਂ ਕਿ ਪਰਮਾਤਮਾ ਅਣਗਿਣਤ ਗੁਣਾਂ ਵਾਲਾ ਹੈ,
24179	546	ਅਗਣਤ ਊਚ ਅਪਾਰ ਠਾਕੁਰ ਅਗਮ ਜਾ ਕੋ ਧਾਮਾ॥	(ਧਾਮਾ) ਘਰ	Aganath Ooch Apaar Thaakur Agam Jaa Ko Dhhaamaa ||	Incalculable, lofty and infinite is the Lord and Master. Unapproachable is His home.	ਸਭ ਤੋਂ ਉੱਚਾ ਤੇ, ਬੇਅੰਤ ਹੈ, ਸਭ ਦਾ ਮਾਲਕ ਹੈ ਤੇ ਉਸ ਦਾ ਟਿਕਾਣਾ (ਨਿਰੀ ਅਕਲ ਸਿਆਣਪ ਦੇ ਆਸਰੇ) ਅਪਹੁੰਚ ਹੈ।

24180	546	ਬਿਨਵੰਤਿ ਨਾਨਕ ਮੇਰੀ ਇਛ ਪੂਰਨ ਮਿਲੇ ਸ੍ਰੀਰੰਗ ਰਾਮਾ॥੩॥		Binavanth Naanak Maeree Eishh Pooran Milae Sreerang Raamaa ||3||	Prays Nanak, my desires are fulfilled; I have met the Lord, the Greatest Lover. ||3||	ਨਾਨਕ ਬੇਨਤੀ ਕਰਦਾ ਹੈ ਕਿ ਮੈਨੂੰ ਲੱਛਮੀ-ਪਤੀ ਪਰਮਾਤਮਾ ਮਿਲ ਪਿਆ ਹੈ, ਮੇਰੀ (ਚਿਰਾਂ ਦੀ) ਤਾਂਘ ਪੂਰੀ ਹੋ ਗਈ ਹੈ ॥੩॥
24181	546	ਕਈ ਕੋਟਿਕ ਜਗ ਫਲਾ ਸੁਣਿ ਗਾਵਨਹਾਰੇ ਰਾਮ॥	ਜੱਗ	Kee Kottik Jag Falaa Sun Gaavanehaarae Raam ||	The fruits of many millions of charitable feasts come to those who listen to and sing the Lord's Praise.	ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਣ ਵਾਲੇ ਮਨੁੱਖ ਪਰਮਾਤਮਾ ਦਾ ਨਾਮ ਸੁਣ ਸੁਣ ਕੇ ਕਈ ਕ੍ਰੋੜਾਂ ਜੱਗਾਂ ਦੇ ਫਲ ਪ੍ਰਾਪਤ ਕਰ ਲੈਂਦੇ ਹਨ।
24182	546	ਹਰਿ ਹਰਿ ਨਾਮੁ ਜਪਤ ਕੁਲ ਸਗਲੇ ਤਾਰੇ ਰਾਮ॥		Har Har Naam Japath Kul Sagalae Thaarae Raam ||	Chanting the Name of the Lord, Har, Har, all one's generations are carried across.	ਪਰਮਾਤਮਾ ਦਾ ਨਾਮ ਜਪਣ ਵਾਲੇ ਆਪਣੀਆਂ ਸਾਰੀਆਂ ਕੁਲਾਂ ਭੀ ਤਾਰ ਲੈਂਦੇ ਹਨ।
24183	546	ਹਰਿ ਨਾਮੁ ਜਪਤ ਸੋਹੰਤ ਪ੍ਰਾਣੀ ਤਾ ਕੀ ਮਹਿਮਾ ਕਿਤ ਗਨਾ॥		Har Naam Japath Sohanth Praanee Thaa Kee Mehimaa Kith Ganaa ||	Chanting the Name of the Lord, one is beautified; what Praises of His can I chant?	ਪਰਮਾਤਮਾ ਦਾ ਨਾਮ ਜਪਦਿਆਂ ਜਪਦਿਆਂ ਮਨੁੱਖ ਸੋਹਣੇ ਜੀਵਨ ਵਾਲੇ ਬਣ ਜਾਂਦੇ ਹਨ, ਉਹਨਾਂ (ਦੇ ਆਤਮਕ ਜੀਵਨ) ਦੀ ਵਡਿਆਈ ਕਿਤਨੀ ਕੁ ਮੈਂ ਦੱਸਾਂ?

24184	546	ਹਰਿ ਬਿਸਰੁ ਨਾਹੀ ਪ੍ਰਾਨ ਪਿਆਰੇ ਚਿਤਵੰਤਿ ਦਰਸਨੁ ਸਦ ਮਨਾ॥		Har Bisar Naahee Praan Piaarae Chithavanth Dharasan Sadh Manaa ||	I shall never forget the Lord; He is the Beloved of my soul. My mind constantly yearns for the Blessed Vision of His Darshan.	ਉਹ ਸਦਾ ਆਪਣੇ ਮਨਾਂ ਵਿਚ ਪਰਮਾਤਮਾ ਦਾ ਦਰਸਨ ਤਾਂਘਦੇ ਰਹਿੰਦੇ ਕਿ ਪ੍ਰਾਣ-ਪਿਆਰਾ ਮਨ ਤੋਂ ਕਦੇ ਨਾਹ ਵਿੱਸਰੇ।
24185	546	ਸੁਭ ਦਿਵਸ ਆਏ ਗਹਿ ਕੰਠਿ ਲਾਏ ਪ੍ਰਭ ਊਚ ਅਗਮ ਅਪਾਰੇ॥		Subh Dhivas Aaeae Gehi Kanth Laaeae Prabh Ooch Agam Apaarae ||	Auspicious is that day, when God, the lofty, inaccessible and infinite, hugs me close in His embrace.	ਸਭ ਤੋਂ ਉੱਚਾ ਅਪਹੁੰਚ ਤੇ ਬੇਅੰਤ ਪ੍ਰਭੂ (ਜਿਨ੍ਹਾਂ ਵਡ-ਭਾਗੀਆਂ ਨੂੰ) ਫੜ ਕੇ ਆਪਣੇ ਗਲ ਨਾਲ ਲਾ ਲੈਂਦਾ ਹੈ ਉਹਨਾਂ (ਦੀ ਜ਼ਿੰਦਗੀ) ਦੇ ਭਾਗਾਂ ਵਾਲੇ ਦਿਨ ਆ ਜਾਂਦੇ ਹਨ।
24186	546	ਬਿਨਵੰਤਿ ਨਾਨਕ ਸਫਲੁ ਸਭੁ ਕਿਛੁ ਪ੍ਰਭ ਮਿਲੇ ਅਤਿ ਪਿਆਰੇ॥੪॥੩॥੬॥		Binavanth Naanak Safal Sabh Kishh Prabh Milae Ath Piaarae ||4||3||6||	Prays Nanak, everything is fruitful - I have met my supremely beloved Lord God. ||4||3||6||	ਨਾਨਕ ਬੇਨਤੀ ਕਰਦਾ ਹੈ ਕਿ ਜਿਨ੍ਹਾਂ ਮਨੁੱਖਾਂ ਨੂੰ ਬਹੁਤ ਪਿਆਰਾ ਪਰਮਾਤਮਾ ਮਿਲ ਪੈਂਦਾ ਹੈ ਉਹਨਾਂ (ਦੇ ਜੀਵਨ) ਦਾ ਹਰੇਕ ਕਾਰਜ ਸਿਰੇ ਚੜ੍ਹ ਜਾਂਦਾ ਹੈ ॥੪॥੩॥੬॥
24187	546	ਬਿਹਾਗੜਾ ਮਹਲਾ ੫ ਛੰਤ॥		Bihaagarraa Mehalaa 5 Shhanth ||	Bihaagraa, Fifth Mehl, Chhant:	
24188	546	ਅਨ ਕਾਏ ਰਾਤੜਿਆ ਵਾਟ ਦੁਹੇਲੀ ਰਾਮ॥	(ਅਨ)ਹੋਰਨਾਂ ਚ। (ਕਾਏ)ਕਿਸ ਲਈ	An Kaaeae Raatharriaa Vaatt Dhuhaelee Raam ||	Why are you imbued with the love of another? That path is very dangerous.	ਤੁੱਛ ਪਦਾਰਥਾਂ (ਦੇ ਮੋਹ) ਵਿਚ ਰੱਤੇ ਹੋਏ ਮਨੁੱਖ ਦਾ ਜੀਵਨ-ਪੰਧ ਦੁੱਖਾਂ ਨਾਲ ਭਰਦਾ ਜਾ ਰਿਹਾ ਹੈ।

24189	546	ਪਾਪ ਕਮਾਵਦਿਆ ਤੇਰਾ ਕੋਇ ਨ ਬੇਲੀ ਰਾਮ॥		Paap Kamaavadhiaa Thaeraa Koe N Baelee Raam ||	O sinner, no one is your friend.	ਹੇ ਪਾਪ ਕਮਾਣ ਵਾਲੇ ਕੋਈ ਭੀ ਤੇਰਾ (ਸਦਾ ਦਾ) ਸਾਥੀ ਨਹੀਂ,
24190	546	ਕੋਏ ਨ ਬੇਲੀ ਹੋਇ ਤੇਰਾ ਸਦਾ ਪਛੋਤਾਵਹੇ॥		Koeae N Baelee Hoe Thaeraa Sadhaa Pashhothaavehae ||	No one shall be your friend, and you shall forever regret your actions.	ਤੇ ਨਾ ਤੇਰਾ ਕੋਈ ਸਾਥੀ ਬਣੇਗਾ, ਤੂੰ ਸਦਾ ਹੱਥ ਮਲਦਾ ਰਹਿ ਜਾਏਂਗਾ।
24191	546	ਗੁਨ ਗੁਪਾਲ ਨ ਜਪਹਿ ਰਸਨਾ ਫਿਰਿ ਕਦਹੁ ਸੇ ਦਿਹ ਆਵਹੇ॥		Gun Gupaal N Japehi Rasanaa Fir Kadhahu Sae Dhih Aavehae ||	You have not chanted with your tongue the Praises of the Sustainer of the World; when will these days come again?	ਤੂੰ ਆਪਣੀ ਜੀਭ ਨਾਲ ਸ੍ਰਿਸ਼ਟੀ ਦੇ ਪਾਲਕ ਪ੍ਰਭੂ ਦੇ ਗੁਣ ਨਹੀਂ ਜਪਦਾ, ਜ਼ਿੰਦਗੀ ਦੇ ਇਹ ਦਿਨ ਫਿਰ ਕਦੇ ਵਾਪਸ ਨਹੀਂ ਆਉਣਗੇ;
24192	546	ਤਰਵਰ ਵਿਛੁੰਨੇ ਨਹ ਪਾਤ ਜੁੜਤੇ ਜਮ ਮਗਿ ਗਉਨੁ ਇਕੇਲੀ॥	(ਤਰਵਰ) ਰੁੱਖ	Tharavar Vishhunnae Neh Paath Jurrathae Jam Mag Goun Eikaelee ||	The leaf, separated from the branch, shall not be joined with it again; all alone, it falls on its way to death.	(ਜਿਵੇਂ) ਰੁੱਖਾਂ ਨਾਲੋਂ ਵਿਛੁੜੇ ਹੋਏ ਪੱਤਰ (ਮੁੜ ਰੁੱਖਾਂ ਨਾਲ) ਨਹੀਂ ਜੁੜ ਸਕਦੇ। (ਮਨੁੱਖ ਦੀ) ਜਿੰਦ ਆਤਮਕ ਮੌਤ ਦੇ ਰਸਤੇ ਉੱਤੇ ਇਕੱਲੀ ਹੀ ਤੁਰੀ ਜਾਂਦੀ ਹੈ।

24193	546	ਬਿਨਵੰਤ ਨਾਨਕ ਬਿਨੁ ਨਾਮ ਹਰਿ ਕੇ ਸਦਾ ਫਿਰਤ ਦੁਹੇਲੀ॥੧॥		Binavanth Naanak Bin Naam Har Kae Sadhaa Firath Dhuhaelee ||1||	Prays Nanak, without the Lord's Name, the soul wanders, forever suffering. ||1||	ਨਾਨਕ ਬੇਨਤੀ ਕਰਦਾ ਹੈ ਕਿ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਮਨੁੱਖ ਦੀ ਜਿੰਦ ਸਦਾ ਦੁੱਖਾਂ ਨਾਲ ਘਿਰੀ ਹੋਈ ਭਟਕਦੀ ਰਹਿੰਦੀ ਹੈ ॥੧॥
24194	546	ਤੂੰ ਵਲ ਵੰਚ ਲੂਕਿ ਕਰਹਿ ਸਭ ਜਾਣੈ ਜਾਣੀ ਰਾਮ॥		Thoon Valavanch Look Karehi Sabh Jaanai Jaanee Raam ||	You are practicing deception secretly, but the Lord, the Knower, knows all.	(ਹੇ ਪ੍ਰਾਣੀ!) ਤੂੰ (ਲੋਕਾਂ ਪਾਸੋਂ) ਲੁਕ ਲੁਕ ਕੇ ਵਲ-ਛਲ ਕਰਦਾ ਰਹਿੰਦਾ ਹੈਂ, ਪਰ ਅੰਤਰਜਾਮੀ ਪਰਮਾਤਮਾ ਤੇਰੀ ਹਰੇਕ ਕਰਤੂਤ ਨੂੰ ਜਾਣਦਾ ਹੈ।
24195	546	ਲੇਖਾ ਧਰਮ ਭਇਆ ਤਿਲ ਪੀੜੇ ਘਾਣੀ ਰਾਮ॥		Laekhaa Dhharam Bhaeiaa Thil Peerrae Ghaanee Raam ||	When the Righteous Judge of Dharma reads your account, you shall be squeezed like a sesame seed in the oil-press.	ਜਦੋਂ ਧਰਮਰਾਜ ਦਾ ਹਿਸਾਬ ਹੁੰਦਾ ਹੈ ਤਾਂ (ਮੰਦੇ ਕਰਮ ਕਰਨ ਵਾਲੇ ਇਉਂ) ਪੀੜੇ ਜਾਂਦੇ ਹਨ ਜਿਵੇਂ ਤਿਲ (ਘਾਣੀ ਵਿਚ) ਪੀੜੇ ਜਾਂਦੇ ਹਨ।
24196	546	ਕਿਰਤ ਕਮਾਣੇ ਦੁਖ ਸਹੁ ਪਰਾਣੀ ਅਨਿਕ ਜੋਨਿ ਭ੍ਰਮਾਇਆ॥		Kirath Kamaanae Dhukh Sahu Paraanee Anik Jon Bhramaaeiaa ||	For the actions you committed, you shall suffer the penalty; you shall be consigned to countless reincarnations.	(ਪ੍ਰਾਣੀ!) ਆਪਣੇ ਕੀਤੇ ਕਮਾਏ ਕਰਮਾਂ ਅਨੁਸਾਰ ਦੁੱਖ ਸਹਾਰਦਾ ਹੈ ਤੇ ਅਨੇਕਾਂ ਜੂਨਾਂ ਵਿਚ ਭਵਾਇਆ ਜਾਂਦਾ ਹੈ।

24197	546	ਮਹਾ ਮੋਹਨੀ ਸੰਗਿ ਰਾਤਾ ਰਤਨ ਜਨਮੁ ਗਵਾਇਆ॥		Mehaa Mohanee Sang Raathaa Rathan Janam Gavaaeiaa ||	Imbued with the love of Maya, the great enticer, you shall lose the jewel of this human life.	ਜੇਹੜਾ ਮਨੁੱਖ ਸਦਾ ਇਸ ਵੱਡੀ ਮੋਹ ਲੈਣ ਵਾਲੀ ਮਾਇਆ ਦੇ ਨਾਲ ਹੀ ਮਸਤ ਰਹਿੰਦਾ ਹੈ ਉਹ ਸ੍ਰੇਸ਼ਟ ਮਨੁੱਖਾ ਜਨਮ ਗਵਾ ਲੈਂਦਾ ਹੈ।
24198	546	ਇਕਸੁ ਹਰਿ ਕੇ ਨਾਮ ਬਾਝਹੁ ਆਨ ਕਾਜ ਸਿਆਣੀ॥		Eikas Har Kae Naam Baajhahu Aan Kaaj Siaanee ||	Except for the One Name of the Lord, you are clever in everything else.	(ਹੇ ਜਿੰਦੇ!) ਇਕ ਪਰਮਾਤਮਾ ਦੇ ਨਾਮ ਤੋਂ ਬਗ਼ੈਰ ਤੂੰ ਹੋਰ ਸਾਰੇ ਕੰਮਾਂ ਵਿਚ ਸਿਆਣੀ ਬਣੀ ਫਿਰਦੀ ਹੈਂ।
24199	546	ਬਿਨਵੰਤ ਨਾਨਕ ਲੇਖੁ ਲਿਖਿਆ ਭਰਮਿ ਮੋਹਿ ਲੁਭਾਣੀ॥੨॥		Binavanth Naanak Laekh Likhiaa Bharam Mohi Lubhaanee ||2||	Prays Nanak, those who have such pre-ordained destiny are attracted to doubt and emotional attachment. ||2||	ਨਾਨਕ ਬੇਨਤੀ ਕਰਦਾ ਹੈ ਕਿ ਤੇਰੇ ਮੱਥੇ ਉਤੇ ਮਾਇਆ ਦੇ ਮੋਹ ਦਾ ਹੀ ਲੇਖ ਲਿਖਿਆ ਜਾ ਰਿਹਾ ਹੈ ਤੇ (ਤਾਹੀਏਂ) ਤੂੰ ਮਾਇਆ ਦੇ ਮੋਹ ਦੀ ਭਟਕਣਾ ਵਿਚ ਫਸੀ ਰਹਿੰਦੀ ਹੈਂ ॥੨॥
24200	546	ਬੀਚੁ ਨ ਕੋਇ ਕਰੇ ਅਕ੍ਰਿਤਘਣੁ ਵਿਛੁੜਿ ਪਇਆ॥	ਅ-ਕ੍ਰਿਤਘਣੁ	Beech N Koe Karae Akirathaghan Vishhurr Paeiaa ||	No one advocates for the ungrateful person, who is separated from the Lord.	ਨਾ-ਸ਼ੁਕਰਾ (ਪਰਮਾਤਮਾ ਦੇ ਕੀਤੇ ਉਪਕਾਰਾਂ ਨੂੰ ਨਾਹ ਜਾਣਨ ਵਾਲਾ) ਮਨੁੱਖ ਪਰਮਾਤਮਾ ਦੇ ਚਰਨਾਂ ਤੋਂ ਵਿਛੁੜਿਆ ਰਹਿੰਦਾ ਹੈ ਤੇ (ਪ੍ਰਭੂ-ਮਿਲਾਪ ਲਈ) ਕੋਈ (ਉਸ ਦਾ) ਵਿਚੋਲਾ-ਪਨ ਨਹੀਂ ਕਰਦਾ।
24201	546	ਆਏ ਖਰੇ ਕਠਿਨ ਜਮਕੰਕਰਿ ਪਕੜਿ ਲਇਆ॥		Aaeae Kharae Kathin Jamakankar Pakarr Laeiaa ||	The hard-hearted Messenger of Death comes and seizes him.	ਆਖ਼ਰ ਬੜਾ ਨਿਰਦਈ ਜਮਦੂਤ ਆ ਕੇ ਉਸ ਨੂੰ ਫੜਦਾ ਹੈ,

24202	546	ਪਕੜੇ ਚਲਾਇਆ ਅਪਣਾ ਕਮਾਇਆ ਮਹਾ ਮੋਹਨੀ ਰਾਤਿਆ॥		Pakarrae Chalaaeiaa Apanaa Kamaaeiaa Mehaa Mohanee Raathiaa ||	He seizes him, and leads him away, to pay for his evil deeds; he was imbued with Maya, the great enticer.	ਤੇ ਫੜ ਕੇ ਅੱਗੇ ਲਾ ਲੈਂਦਾ ਹੈ, ਸਾਰੀ ਉਮਰ ਡਾਢੀ ਮਾਇਆ ਵਿਚ ਮਸਤ ਰਹਿਣ ਕਰਕੇ ਉਹ ਆਪਣਾ ਕੀਤਾ ਪਾਂਦਾ ਹੈ।
24203	546	ਗੁਨ ਗੋਵਿੰਦ ਗੁਰਮੁਖਿ ਨ ਜਪਿਆ ਤਪਤ ਥੰਮ੍ਹ ਗਲਿ ਲਾਤਿਆ॥		Gun Govindh Guramukh N Japiaa Thapath Thhanmh Gal Laathiaa ||	He was not Gurmukh - he did not chant the Glorious Praises of the Lord of the Universe; and now, the hot irons are put to his chest.	ਗੁਰੂ ਦੀ ਸਰਨ ਪੈ ਕੇ ਉਹ ਪਰਮਾਤਮਾ ਦੇ ਗੁਣ ਕਦੇ ਯਾਦ ਨਹੀਂ ਕਰਦਾ (ਉਹ ਵਿਕਾਰਾਂ ਦੀ ਸੜਨ ਵਿਚ ਹੈ, ਜਿਵੇਂ) ਸੜਦੇ-ਬਲਦੇ ਥੰਮਾਂ ਦੇ ਗਲ ਨਾਲ ਉਸ ਨੂੰ ਲਾਇਆ ਹੋਇਆ ਹੈ।
24204	546	ਕਾਮ ਕ੍ਰੋਧਿ ਅਹੰਕਾਰਿ ਮੂਠਾ ਖੋਇ ਗਿਆਨੁ ਪਛੁਤਾਪਿਆ॥		Kaam Krodhh Ahankaar Moothaa Khoe Giaan Pashhuthaapiaa ||	He is ruined by sexual desire, anger and egotism; deprived of spiritual wisdom, he comes to regret.	ਕਾਮ ਵਿਚ, ਕ੍ਰੋਧ ਵਿਚ, ਅਹੰਕਾਰ ਵਿਚ (ਫਸੇ ਰਹਿ ਕੇ) ਆਪਣਾ ਆਤਮਕ ਜੀਵਨ ਲੁਟਾ ਬੈਠਦਾ ਹੈ, ਆਤਮਕ ਜੀਵਨ ਦੀ ਸੂਝ ਗਵਾ ਕੇ (ਆਖ਼ਰ) ਹੱਥ ਮਲਦਾ ਹੈ।
24205	546	ਬਿਨਵੰਤ ਨਾਨਕ ਸੰਜੋਗਿ ਭੂਲਾ ਹਰਿ ਜਾਪੁ ਰਸਨ ਨ ਜਾਪਿਆ॥੩॥		Binavanth Naanak Sanjog Bhoolaa Har Jaap Rasan N Jaapiaa ||3||	Prays Nanak, by his cursed destiny he has gone astray; with his tongue, he does not chant the Name of the Lord. ||3||	ਨਾਨਕ ਬੇਨਤੀ ਕਰਦਾ ਹੈ ਕਿ (ਕਾਮਾਦਿਕ ਵਿਕਾਰਾਂ ਦੇ) ਸੰਜੋਗ ਦੇ ਕਾਰਨ (ਮਨੁੱਖ) ਕੁਰਾਹੇ ਪਿਆ ਰਹਿੰਦਾ ਹੈ ਤੇ ਕਦੇ ਆਪਣੀ ਜੀਭ ਨਾਲ ਪਰਮਾਤਮਾ ਦਾ ਨਾਮ ਨਹੀਂ ਜਪਦਾ ॥੩॥

24206	546	ਤੁਝ ਬਿਨੁ ਕੋ ਨਾਹੀ ਪ੍ਰਭ ਰਾਖਨਹਾਰਾ ਰਾਮ॥		Thujh Bin Ko Naahee Prabh Raakhanehaaraa Raam ||	Without You, God, no one is our savior.	ਹੇ ਪ੍ਰਭੂ! ਤੈਥੋਂ ਬਿਨਾ (ਵਿਕਾਰਾਂ ਦੀ ਤਪਸ਼ ਤੋਂ) ਬਚਾ ਸਕਣ ਵਾਲਾ ਹੋਰ ਕੋਈ ਨਹੀਂ ਹੈ,
24207	546	ਪਤਿਤ ਉਧਾਰਣ ਹਰਿ ਬਿਰਦੁ ਤੁਮਾਰਾ ਰਾਮ॥		Pathith Oudhhaaran Har Biradh Thumaaraa Raam ||	It is Your Nature, Lord, to save the sinners.	ਇੰਜ ਕਰਨਾ ਤੇਰਾ ਮੁੱਢ-ਕਦੀਮਾਂ ਦਾ ਸੁਭਾਉ ਹੈ, ਹੇ ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ (ਡੁੱਬਣੋਂ) ਬਚਾਣ ਵਾਲੇ!
24208	546	ਪਤਿਤ ਉਧਾਰਨ ਸਰਨਿ ਸੁਆਮੀ ਕ੍ਰਿਪਾਨਿਧਿ ਦਇਆਲਾ ॥		Pathith Oudhhaaran Saran Suaamee Kirapaa Nidhh Dhaeiaalaa ||	O Savior of sinners, I have entered Your Sanctuary, O Lord and Master, Compassionate Ocean of Mercy.	ਹੇ ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ (ਡੁੱਬਣੋਂ) ਬਚਾਣ ਵਾਲੇ! ਹੇ ਸੁਆਮੀ! ਹੇ ਕਿਰਪਾ ਦੇ ਖ਼ਜ਼ਾਨੇ! ਹੇ ਦਇਆ ਦੇ ਘਰ! ਮੈਂ ਤੇਰੀ ਸਰਨ ਆਇਆ ਹਾਂ,
24209	546	ਅੰਧ ਕੂਪ ਤੇ ਉਧਰੁ ਕਰਤੇ ਸਗਲ ਘਟ ਪ੍ਰਤਿਪਾਲਾ॥	(ਉ-ਧਰੁ) ਉਧਾਰਨਾ ਕਰੋ ਜੀ	Andhh Koop Thae Oudhhar Karathae Sagal Ghatt Prathipaalaa ||	Please, rescue me from the deep, dark pit, O Creator, Cherisher of all hearts.	ਮੈਨੂੰ (ਮਾਇਆ ਦੇ ਮੋਹ ਦੇ) ਅੰਨ੍ਹੇ ਖੂਹ (ਵਿਚ ਡੁੱਬਣ) ਤੋਂ ਬਚਾ ਲੈ, ਹੇ ਕਰਤਾਰ! ਹੇ ਸਾਰੇ ਸਰੀਰਾਂ ਦੀ ਪਾਲਣਾ ਕਰਨ ਵਾਲੇ!
24210	546	ਸਰਨਿ ਤੇਰੀ ਕਟਿ ਮਹਾ ਬੇੜੀ ਇਕੁ ਨਾਮੁ ਦੇਹਿ ਅਧਾਰਾ॥		Saran Thaeree Katt Mehaa Baerree Eik Naam Dhaehi Adhhaaraa ||	I seek Your Sanctuary; please, cut away these heavy bonds, and give me the Support of the One Name.	ਮੈਂ ਤੇਰੀ ਸਰਨ ਆਇਆ ਹਾਂ; ਮੇਰੀ (ਮਾਇਆ ਦੇ ਮੋਹ ਦੀ) ਕਰੜੀ ਬੇੜੀ ਕੱਟ ਦੇ, ਮੈਨੂੰ ਆਪਣਾ ਨਾਮ-ਆਸਰਾ ਬਖ਼ਸ਼।

24211	547	ਬਿਨਵੰਤ ਨਾਨਕ ਕਰ ਦੇਇ ਰਾਖਹੁ ਗੋਬਿੰਦ ਦੀਨ ਦਇਆਰਾ॥੪॥	ਦੇਇ। ਦਇਆਰਾ	Binavanth Naanak Kar Dhaee Raakhahu Gobindh Dheen Dhaeiaaraa ||4||	Prays Nanak, please, give me Your Hand and save me, O Lord of the Universe, Merciful to the meek. ||4||	ਨਾਨਕ ਬੇਨਤੀ ਕਰਦਾ ਹੈ ਕਿ ਹੇ ਗੋਬਿੰਦ! ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਆਪਣਾ ਹੱਥ ਦੇ ਕੇ ਮੈਨੂੰ (ਮਾਇਆ ਦੇ ਮੋਹ ਵਿਚ ਡੁੱਬਣੋਂ) ਬਚਾ ਲੈ ॥੪॥
24212	547	ਸੋ ਦਿਨੁ ਸਫਲੁ ਗਣਿਆ ਹਰਿ ਪ੍ਰਭੂ ਮਿਲਾਇਆ ਰਾਮ॥		So Dhin Safal Ganiaa Har Prabhoo Milaaeiaa Raam ||	That day is judged to be fruitful, when I merged with my Lord.	ਉਹ ਦਿਨ ਭਾਗਾਂ ਵਾਲਾ ਸਮਝਣਾ ਚਾਹੀਦਾ ਹੈ ਜਦੋਂ ਹਰਿ-ਪ੍ਰਭੂ (ਗੁਰੂ ਦਾ) ਮਿਲਾਇਆ (ਮਿਲ ਪੈਂਦਾ ਹੈ)।
24213	547	ਸਭਿ ਸੁਖ ਪਰਗਟਿਆ ਦੁਖ ਦੂਰਿ ਪਰਾਇਆ ਰਾਮ॥		Sabh Sukh Paragattiaa Dhukh Dhoor Paraaeiaa Raam ||	Total happiness was revealed, and pain was taken far away.	(ਹਿਰਦੇ ਵਿਚ) ਸਾਰੇ ਸੁਖ ਪਰਗਟ ਹੋ ਜਾਂਦੇ ਹਨ, ਤੇ, ਸਾਰੇ ਦੁੱਖ ਦੂਰ ਜਾ ਪੈਂਦੇ ਹਨ।
24214	547	ਸੁਖ ਸਹਜ ਅਨਦ ਬਿਨੋਦ ਸਦ ਹੀ ਗੁਨ ਗੁਪਾਲ ਨਿਤ ਗਾਈਐ॥	(ਬਿਨੋਦ) ਖੁਸ਼ੀਆਂ	Sukh Sehaj Anadh Binodh Sadh Hee Gun Gupaal Nith Gaaeeai ||	Peace, tranquility, joy and eternal happiness come from constantly singing the Glorious Praises of the Sustainer of the World.	ਆਓ, ਜਗਤ-ਪਾਲ ਪ੍ਰਭੂ ਦੇ ਗੁਣ ਨਿੱਤ ਗਾਂਦੇ ਰਹੀਏ ਇੰਜ ਸਦਾ ਹੀ ਆਤਮਕ ਅਡੋਲਤਾ ਦੇ ਸੁਖ-ਆਨੰਦ ਬਣੇ ਰਹਿੰਦੇ ਹਨ, ਖ਼ੁਸ਼ੀਆਂ ਬਣੀਆਂ ਰਹਿੰਦੀਆਂ ਹਨ।

24215	547	ਭਜੁ ਸਾਧਸੰਗੇ ਮਿਲੇ ਰੰਗੇ ਬਹੁੜਿ ਜੋਨਿ ਨ ਧਾਈਐ॥		Bhaj Saadhhasangae Milae Rangae Bahurr Jon N Dhhaaeeai ||	Joining the Saadh Sangat, the Company of the Holy, I lovingly remember the Lord; I shall not wander again in reincarnation.	ਗੁਰੂ ਦੀ ਸੰਗਤ ਵਿਚ ਪ੍ਰੇਮ ਨਾਲ ਮਿਲ ਕੇ ਪਰਮਾਤਮਾ ਦਾ ਭਜਨ ਕਰਿਆ ਕਰ (ਭਜਨ ਦੀ ਬਰਕਤਿ ਨਾਲ) ਮੁੜ ਮੁੜ ਜੂਨਾਂ ਵਿਚ ਨਹੀਂ ਪਈਦਾ,
24216	547	ਗਹਿ ਕੰਠਿ ਲਾਏ ਸਹਜਿ ਸੁਭਾਏ ਆਦਿ ਅੰਕੁਰੁ ਆਇਆ॥		Gehi Kanth Laaeae Sehaj Subhaaeae Aadh Ankur Aaeiaa ||	He has naturally hugged me close in His Loving Embrace, and the seed of my primal destiny has sprouted.	ਪਰਮਾਤਮਾ (ਬਾਹੋਂ) ਫੜ ਕੇ ਆਪਣੇ ਗਲ ਨਾਲ ਲਾ ਲੈਂਦਾ ਹੈ, ਆਤਮਕ ਅਡੋਲਤਾ ਵਿਚ ਪ੍ਰੇਮ ਵਿਚ (ਲੀਨ ਕਰ ਦੇਂਦਾ ਹੈ ਤੇ ਇੰਜ (ਹਿਰਦੇ ਵਿਚ ਭਗਤੀ ਦਾ) ਮੁੱਢਲਾ ਅੰਗੂਰ ਪੁੰਗਰ ਪੈਂਦਾ ਹੈ।
24217	547	ਬਿਨਵੰਤ ਨਾਨਕ ਆਪਿ ਮਿਲਿਆ ਬਹੁੜਿ ਕਤਹੂ ਨ ਜਾਇਆ॥੫॥੪॥੭॥		Binavanth Naanak Aap Miliaa Bahurr Kathehoo N Jaaeiaa ||5||4||7||	Prays Nanak, He Himself has met me, and He shall never again leave me. ||5||4||7||	ਨਾਨਕ ਬੇਨਤੀ ਕਰਦਾ ਹੈ ਕਿ (ਸਾਧ ਸੰਗਤ ਵਿਚ ਮਿਲਿਆਂ) ਪ੍ਰਭੂ ਆਪ ਆ ਮਿਲਦਾ ਹੈ, ਫਿਰ (ਉਸ ਦਾ ਦਰ ਛੱਡ ਕੇ) ਹੋਰ ਕਿਤੇ ਭੀ ਨਹੀਂ ਭਟਕੀਦਾ ॥੫॥੪॥੭॥
24218	547	ਬਿਹਾਗੜਾ ਮਹਲਾ ੫ ਛੰਤ॥		Bihaagarraa Mehalaa 5 Shhanth ||	Bihaagraa, Fifth Mehl, Chhant:	
24219	547	ਸੁਨਹੁ ਬੇਨੰਤੀਆ ਸੁਆਮੀ ਮੇਰੇ ਰਾਮ॥		Sunahu Baenantheeaa Suaamee Maerae Raam ||	Listen to my prayer, O my Lord and Master.	ਹੇ ਮੇਰੇ ਮਾਲਕ! ਮੇਰੀ ਬੇਨਤੀ ਸੁਣ।

24220	547	ਕੋਟਿ ਅਪ੍ਰਾਧ ਭਰੇ ਭੀ ਤੇਰੇ ਚੇਰੇ ਰਾਮ॥		Kott Apraadhh Bharae Bhee Thaerae Chaerae Raam ||	I am filled with millions of sins, but still, I am Your slave.	(ਅਸੀਂ ਜੀਵ) ਕ੍ਰੋੜਾਂ ਪਾਪਾਂ ਨਾਲ ਲਿਬੜੇ ਹੋਏ ਹਾਂ, ਪਰ ਫਿਰ ਭੀ ਤੇਰੇ (ਦਰ ਦੇ) ਦਾਸ ਹਾਂ।
24221	547	ਦੁਖ ਹਰਨ ਕਿਰਪਾ ਕਰਨ ਮੋਹਨ ਕਲਿ ਕਲੇਸਹ ਭੰਜਨਾ॥		Dhukh Haran Kirapaa Karan Mohan Kal Kalaeseh Bhanjanaa ||	O Destroyer of pain, Bestower of Mercy, Fascinating Lord, Destroyer of sorrow and strife,	ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਹੇ ਕਿਰਪਾ ਕਰਨ ਵਾਲੇ! ਹੇ ਮੋਹਨ! ਹੇ ਸਾਡੇ ਦੁੱਖ-ਕਲੇਸ਼ ਦੂਰ ਕਰਨ ਵਾਲੇ!
24222	547	ਸਰਨਿ ਤੇਰੀ ਰਖਿ ਲੇਹੁ ਮੇਰੀ ਸਰਬ ਮੈ ਨਿਰੰਜਨਾ॥	(ਮੈ) ਵਿਆਪਕ। ਮੈ ਬਿੰਦੀ ਨ ਲਾਓ	Saran Thaeree Rakh Laehu Maeree Sarab Mai Niranjanaa ||	I have come to Your Sanctuary; please preserve my honor. You are all-pervading, O Immaculate Lord.	ਹੇ ਸਰਬ-ਵਿਆਪਕ! ਹੇ ਨਿਰਲੇਪ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ, ਮੇਰੀ ਲਾਜ ਰੱਖ ਲੈ।
24223	547	ਸੁਨਤ ਪੇਖਤ ਸੰਗਿ ਸਭ ਕੈ ਪ੍ਰਭ ਨੇਰਹੂ ਤੇ ਨੇਰੇ॥		Sunath Paekhath Sang Sabh Kai Prabh Naerehoo Thae Naerae ||	He hears and beholds all; God is with us, the nearest of the near.	ਹੇ ਪ੍ਰਭੂ! ਤੂੰ ਸਾਡੇ ਅੱਤ ਨੇੜੇ ਵੱਸਦਾ ਹੈਂ, ਤੂੰ ਸਭ ਜੀਵਾਂ ਦੇ ਅੰਗ-ਸੰਗ ਰਹਿੰਦਾ ਹੈਂ, ਤੂੰ ਸਭ ਜੀਵਾਂ ਦੀਆਂ ਅਰਦਾਸਾਂ ਸੁਣਦਾ ਹੈਂ ਤੇ ਸਭ ਦੇ ਕੀਤੇ ਕੰਮ ਵੇਖਦਾ ਹੈਂ।
24224	547	ਅਰਦਾਸਿ ਨਾਨਕ ਸੁਨਿ ਸੁਆਮੀ ਰਖਿ ਲੇਹੁ ਘਰ ਕੇ ਚੇਰੇ॥੧॥		Aradhaas Naanak Sun Suaamee Rakh Laehu Ghar Kae Chaerae ||1||	O Lord and Master, hear Nanak's prayer; please save the servants of Your household. ||1||	ਹੇ ਮੇਰੇ ਸੁਆਮੀ! ਨਾਨਕ ਦੀ ਬੇਨਤੀ ਸੁਣ। ਮੈਂ ਤੇਰੇ ਘਰ ਦਾ ਗ਼ੁਲਾਮ ਹਾਂ, ਮੇਰੀ ਇੱਜ਼ਤ ਰੱਖ ਲੈ ॥੧॥

24225	547	ਤੂ ਸਮਰਥੁ ਸਦਾ ਹਮ ਦੀਨ ਭੇਖਾਰੀ ਰਾਮ॥	ਸਮਰੱਥੁ	Thoo Samarathh Sadhaa Ham Dheen Bhaekhaaree Raam ||	You are eternal and all-powerful; I am a mere beggar, Lord.	ਹੇ ਪ੍ਰਭੂ! ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਅਸੀਂ (ਤੇਰੇ ਦਰ ਤੇ) ਨਿਮਾਣੇ ਮੰਗਤੇ ਹਾਂ।
24226	547	ਮਾਇਆ ਮੋਹਿ ਮਗਨੁ ਕਢਿ ਲੇਹੁ ਮੁਰਾਰੀ ਰਾਮ॥		Maaeiaa Mohi Magan Kadt Laehu Muraaree Raam ||	I am intoxicated with the love of Maya - save me, Lord!	ਹੇ ਮੁਰਾਰੀ! ਮੈਂ ਮਾਇਆ ਦੇ ਮੋਹ ਵਿਚ ਡੁੱਬਾ ਰਹਿੰਦਾ ਹਾਂ, ਮੈਨੂੰ (ਮੋਹ ਵਿਚੋਂ) ਕੱਢ ਲੈ।
24227	547	ਲੋਭਿ ਮੋਹਿ ਬਿਕਾਰਿ ਬਾਧਿਓ ਅਨਿਕ ਦੋਖ ਕਮਾਵਨੇ॥		Lobh Mohi Bikaar Baadhhiou Anik Dhokh Kamaavanae ||	Bound down by greed, emotional attachment and corruption, I have made so many mistakes.	ਮੈਂ ਲੋਭ ਵਿਚ, ਮੋਹ ਵਿਚ, ਵਿਕਾਰ ਵਿਚ ਬੱਝਾ ਰਹਿੰਦਾ ਹਾਂ। ਅਸੀਂ ਜੀਵ ਅਨੇਕਾਂ ਪਾਪ ਕਮਾਂਦੇ ਰਹਿੰਦੇ ਹਾਂ।
24228	547	ਅਲਿਪਤ ਬੰਧਨ ਰਹਤ ਕਰਤਾ ਕੀਆ ਅਪਨਾ ਪਾਵਨੇ॥	ਅ-ਲਿਪਤ	Alipath Bandhhan Rehath Karathaa Keeaa Apanaa Paavanae ||	The creator is both attached and detached from entanglements; one obtains the fruits of his own actions.	ਇਕ ਕਰਤਾਰ ਹੀ ਨਿਰਲੇਪ ਰਹਿੰਦਾ ਹੈ, ਤੇ ਬੰਧਨਾਂ ਤੋਂ ਆਜ਼ਾਦ ਹੈ, ਅਸੀਂ ਜੀਵ ਤਾਂ ਆਪਣੇ ਕੀਤੇ ਕਰਮਾਂ ਦਾ ਫਲ ਭੁਗਤਦੇ ਰਹਿੰਦੇ ਹਾਂ।
24229	547	ਕਰਿ ਅਨੁਗ੍ਰਹੁ ਪਤਿਤ ਪਾਵਨ ਬਹੁ ਜੋਨਿ ਭ੍ਰਮਤੇ ਹਾਰੀ॥	ਅ-ਨੁੱਗ੍ਰਹੁ	Kar Anugrahu Pathith Paavan Bahu Jon Bhramathae Haaree ||	Show kindness to me, O Purifier of sinners; I am so tired of wandering through reincarnation.	ਹੇ ਵਿਕਾਰੀਆਂ ਨੂੰ ਪਵਿਤ੍ਰ ਕਰਨ ਵਾਲੇ ਪ੍ਰਭੂ! ਮੇਹਰ ਕਰ, ਅਨੇਕਾਂ ਜੂਨਾਂ ਵਿਚ ਭਟਕ ਭਟਕ ਕੇ (ਮੇਰੀ ਜਿੰਦ) ਥੱਕ ਗਈ ਹੈ।

24230	547	ਬਿਨਵੰਤਿ ਨਾਨਕ ਦਾਸੁ ਹਰਿ ਕਾ ਪ੍ਰਭ ਜੀਅ ਪ੍ਰਾਨ ਅਧਾਰੀ॥੨॥		Binavanth Naanak Dhaas Har Kaa Prabh Jeea Praan Adhhaaree ||2||	Prays Nanak, I am the slave of the Lord; God is the Support of my soul, and my breath of life. ||2||	ਨਾਨਕ ਬੇਨਤੀ ਕਰਦਾ ਹੈ ਕਿ ਉਹ ਉਸ ਹਰੀ ਦਾ ਦਾਸ ਹੈ ਜੋ ਪ੍ਰਭੂ (ਸਭ) ਜੀਵਾਂ ਦੇ ਪ੍ਰਾਣਾਂ ਦਾ ਆਸਰਾ ਹੈ ॥੨॥
24231	547	ਤੂ ਸਮਰਥੁ ਵਡਾ ਮੇਰੀ ਮਤਿ ਥੋਰੀ ਰਾਮ॥	ਸਮਰੱਥੁ	Thoo Samarathh Vaddaa Maeree Math Thhoree Raam ||	You are great and all-powerful; my understanding is so inadequate, O Lord.	ਹੇ ਪ੍ਰਭੂ! ਤੂੰ ਵੱਡੀ ਤਾਕਤ ਵਾਲਾ ਹੈਂ, ਮੇਰੀ ਅਕਲ ਨਿੱਕੀ ਜਿਹੀ ਹੈ (ਤੇਰੇ ਵਡੱਪਣ ਨੂੰ ਸਮਝ ਨਹੀਂ ਸਕਦੀ)।
24232	547	ਪਾਲਹਿ ਅਕਿਰਤਘਨਾ ਪੂਰਨ ਦ੍ਰਿਸਟਿ ਤੇਰੀ ਰਾਮ॥	ਅ-ਕਿਰਤਘਨਾ	Paalehi Akirathaghanaa Pooran Dhrisatt Thaeree Raam ||	You cherish even the ungrateful ones; Your Glance of Grace is perfect, Lord.	ਹੇ ਪ੍ਰਭੂ! ਤੇਰੀ ਨਿਗਾਹ ਸਦਾ ਇਕ-ਸਾਰ ਹੈ ਤੂੰ ਨਾ-ਸ਼ੁਕਰਿਆਂ ਦੀ ਭੀ ਪਾਲਣਾ ਕਰਦਾ ਰਹਿੰਦਾ ਹੈਂ।
24233	547	ਅਗਾਧਿ ਬੋਧਿ ਅਪਾਰ ਕਰਤੇ ਮੋਹਿ ਨੀਚੁ ਕਛੂ ਨ ਜਾਨਾ॥		Agaadhh Bodhh Apaar Karathae Mohi Neech Kashhoo N Jaanaa ||	Your wisdom is unfathomable, O Infinite Creator. I am lowly, and I know nothing.	ਹੇ ਕਰਤਾਰ! ਹੇ ਬੇਅੰਤ ਪ੍ਰਭੂ! ਤੂੰ ਜੀਵਾਂ ਦੀ ਸਮਝ ਤੋਂ ਪਰੇ ਅਥਾਹ ਹੈਂ, ਮੈਂ ਨੀਵੇਂ ਜੀਵਨ ਵਾਲਾ (ਤੇਰੀ ਬਾਬਤ) ਕੁਝ ਭੀ ਨਹੀਂ ਜਾਣ ਸਕਦਾ।
24234	547	ਰਤਨੁ ਤਿਆਗਿ ਸੰਗ੍ਰਹਨ ਕਉਡੀ ਪਸੂ ਨੀਚੁ ਇਆਨਾ॥	(ਸੰਗ੍ਰਹਨ)ਇਕੱਤ੍ਰ ਕਰਨਾ	Rathan Thiaag Sangrehan Kouddee Pasoo Neech Eiaanaa ||	Forsaking the jewel, I have saved the shell; I am a lowly, ignorant beast.	ਹੇ ਪ੍ਰਭੂ! ਤੇਰਾ ਕੀਮਤੀ ਨਾਮ ਛੱਡ ਕੇ ਮੈਂ ਕਉਡੀਆਂ ਇਕੱਠੀਆਂ ਕਰਦਾ ਰਹਿੰਦਾ ਹਾਂ, ਮੈਂ ਪਸੂ-ਸੁਭਾਉ ਹਾਂ, ਨੀਵਾਂ ਹਾਂ, ਅੰਞਾਣ ਹਾਂ।

24235	547	ਤਿਆਗਿ ਚਲਤੀ ਮਹਾ ਚੰਚਲਿ ਦੋਖ ਕਰਿ ਕਰਿ ਜੋਰੀ॥		Thiaag Chalathee Mehaa Chanchal Dhokh Kar Kar Joree ||	I have kept that which forsakes me, and is very fickle, continually committing sins, again and again.	ਮੈਂ ਪਾਪ ਕਰ ਕਰ ਕੇ (ਉਸ ਮਾਇਆ ਨੂੰ ਹੀ) ਜੋੜਦਾ ਰਿਹਾ ਜੇਹੜੀ ਕਦੇ ਟਿਕ ਕੇ ਨਹੀਂ ਬੈਠਦੀ, ਜੇਹੜੀ ਜੀਵਾਂ ਦਾ ਸਾਥ ਛੱਡ ਜਾਂਦੀ ਹੈ।
24236	547	ਨਾਨਕ ਸਰਣਿ ਸਮਰਥ ਸੁਆਮੀ ਪੈਜ ਰਾਖਹੁ ਮੋਰੀ॥੩॥	ਸਮਰੱਥ	Naanak Saran Samarathh Suaamee Paij Raakhahu Moree ||3||	Nanak seeks Your Sanctuary, Almighty Lord and Master; please, preserve my honor. ||3||	ਹੇ ਨਾਨਕ! ਹੇ ਸਭ ਤਾਕਤਾਂ ਦੇ ਮਾਲਕ ਮੇਰੇ ਸੁਆਮੀ! ਮੈਂ ਤੇਰੀ ਸਰਨ ਆਇਆ ਹਾਂ, ਮੇਰੀ ਲਾਜ ਰੱਖ ਲੈ ॥੩॥
24237	547	ਜਾ ਤੇ ਵੀਛੁੜਿਆ ਤਿਨਿ ਆਪਿ ਮਿਲਾਇਆ ਰਾਮ॥		Jaa Thae Veeshhurriaa Thin Aap Milaaeiaa Raam ||	I was separated from Him, and now, He has united me with Himself.	ਉਸ ਪਰਮਾਤਮਾ ਨੇ ਮਨੁੱਖ ਨੂੰ ਆਪ ਆਪਣੇ ਚਰਨਾਂ ਵਿਚ ਜੋੜ ਲਿਆ ਜਿਸ ਤੋਂ (ਉਹ ਚਿਰਾਂ ਦਾ) ਵਿਛੁੜਿਆ ਆ ਰਿਹਾ ਸੀ।
24238	547	ਸਾਧੂਸੰਗਮੇ ਹਰਿ ਗੁਣ ਗਾਇਆ ਰਾਮ॥		Saadhhoo Sangamae Har Gun Gaaeiaa Raam ||	In the Saadh Sangat, the Company of the Holy, I sing the Glorious Praises of the Lord.	ਤੇ ਉਸ ਨੇ ਗੁਰੂ ਦੀ ਸੰਗਤ ਵਿਚ ਆ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਣੇ ਸ਼ੁਰੂ ਕਰ ਦਿੱਤੇ।
24239	547	ਗੁਣ ਗਾਇ ਗੋਵਿਦ ਸਦਾ ਨੀਕੇ ਕਲਿਆਣਮੈ ਪਰਗਟ ਭਏ॥	(ਕਲਿਆਣ-ਮੈ) ਕਲਿਆਣ ਸਰੂਪ। ਮੈ ਬਿੰਦੀ ਨਹੀਂ ਲਾਉਣੀ	Gun Gaae Govidh Sadhaa Neekae Kaliaan Mai Paragatt Bheae ||	Singing the Praises of the Lord of the Universe, the ever-sublime blissful Lord is revealed to me.	ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਸੋਹਣੇ ਗੀਤ ਸਦਾ ਗਾਣ ਦੀ ਬਰਕਤਿ ਨਾਲ ਆਨੰਦ-ਸਰੂਪ ਪਰਮਾਤਮਾ (ਹਿਰਦੇ ਵਿਚ) ਪਰਗਟ ਹੋ ਜਾਂਦਾ ਹੈ।

24240	547	ਸੇਜਾ ਸੁਹਾਵੀ ਸੰਗਿ ਪ੍ਰਭ ਕੈ ਆਪਣੇ ਪ੍ਰਭ ਕਰਿ ਲਏ॥		Saejaa Suhaavee Sang Prabh Kai Aapanae Prabh Kar Leae ||	My bed is adorned with God; my God has made me His own.	ਇੰਜ ਪ੍ਰਭੂ ਦੀ ਸੰਗਤ ਨਾਲ ਉਸ ਦਾ ਹਿਰਦਾ-ਸੇਜ ਆਨੰਦ-ਭਰਪੂਰ ਹੋ ਜਾਂਦਾ ਹੈ ਤੇ ਪ੍ਰਭੂ ਉਸ ਨੂੰ ਆਪਣਾ (ਸੇਵਕ) ਬਣਾ ਲੈਂਦਾ ਹੈ।
24241	547	ਛੋਡਿ ਚਿੰਤ ਅਚਿੰਤ ਹੋਏ ਬਹੁੜਿ ਦੂਖੁ ਨ ਪਾਇਆ॥		Shhodd Chinth Achinth Hoeae Bahurr Dhookh N Paaeiaa ||	Abandoning anxiety, I have become carefree, and I shall not suffer in pain any longer.	ਇਸੇ ਤਰ੍ਹਾਂ ਚਿੰਤਾ-ਫ਼ਿਕਰ ਤਿਆਗ ਕੇ ਜੀਵ ਸ਼ਾਂਤ-ਚਿਤ ਹੋ ਜਾਂਦਾ ਹਨ ਤੇ ਮੁੜ ਉਸ ਨੂੰ ਕੋਈ ਦੁੱਖ ਪੋਹ ਨਹੀਂ ਸਕਦਾ।
24242	547	ਨਾਨਕ ਦਰਸਨੁ ਪੇਖਿ ਜੀਵੇ ਗੋਵਿੰਦ ਗੁਣ ਨਿਧਿ ਗਾਇਆ॥੪॥੫॥੮॥		Naanak Dharasan Paekh Jeevae Govindh Gun Nidhh Gaaeiaa ||4||5||8||	Nanak lives by beholding the Blessed Vision of His Darshan, singing the Glorious Praises of the Lord of the Universe, the ocean of excellence. ||4||5||8||	ਹੇ ਨਾਨਕ! ਜੇਹੜੇ ਮਨੁੱਖ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਹਨ ਉਹ (ਆਪਣੇ ਅੰਦਰ) ਪਰਮਾਤਮਾ ਦਾ ਦਰਸਨ ਕਰ ਕੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ ॥੪॥੫॥੮॥
24243	547	ਬਿਹਾਗੜਾ ਮਹਲਾ ੫ ਛੰਤ॥		Bihaagarraa Mehalaa 5 Shhanth ||	Bihaagraa, Fifth Mehl, Chhant:	

24244	547	ਬੋਲਿ ਸੁਧਰਮੀੜਿਆ ਮੋਨਿ ਕਤ ਧਾਰੀ ਰਾਮ॥	(ਸੁਧਰਮੀ-ੜਿਆ) ਸ੍ਰੇਸਟ ਧਰਮੀਆ	Bol Sudhharameerriaa Mon Kath Dhhaaree Raam ||	O you of sublime faith, chant the Lord's Name; why do you remain silent?	ਹੇ (ਸਾਰੀਆਂ ਜੂਨਾਂ ਵਿਚੋਂ) ਉੱਤਮ ਫ਼ਰਜ਼ ਵਾਲੇ, ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਬੋਲ ਬੋਲਿਆ ਕਰ! (ਸਿਫ਼ਤ-ਸਾਲਾਹ ਵਲੋਂ) ਤੂੰ ਕਿਉਂ ਚੁੱਪ ਵੱਟੀ ਹੋਈ ਹੈ?
24245	547	ਤੂ ਨੇਤ੍ਰੀ ਦੇਖਿ ਚਲਿਆ ਮਾਇਆ ਬਿਉਹਾਰੀ ਰਾਮ॥		Thoo Naethree Dhaekh Chaliaa Maaeiaa Biouhaaree Raam ||	With your eyes, you have seen the treacherous ways of Maya.	ਆਪਣੀਆਂ ਅੱਖਾਂ ਨਾਲ (ਧਿਆਨ ਨਾਲ) ਵੇਖ; (ਨਿਰਾ) ਮਾਇਆ ਦਾ ਹੀ ਵਿਹਾਰ ਕਰਨ ਵਾਲਾ (ਇਥੋਂ ਖ਼ਾਲੀ ਹੱਥ) ਤੁਰ ਪੈਂਦਾ ਹੈ।
24246	547	ਸੰਗਿ ਤੇਰੈ ਕਛੁ ਨ ਚਾਲੈ ਬਿਨਾ ਗੋਬਿੰਦ ਨਾਮਾ॥		Sang Thaerai Kashh N Chaalai Binaa Gobindh Naamaa ||	Nothing shall go along with you, except the Name of the Lord of the Universe.	ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਚੀਜ਼ ਤੇਰੇ ਨਾਲ ਨਹੀਂ ਜਾ ਸਕਦੀ।
24247	547	ਦੇਸ ਵੇਸ ਸੁਵਰਨ ਰੂਪਾ ਸਗਲ ਊਣੇ ਕਾਮਾ॥	(ਵੇਸ) ਕੱਪੜੇ। (ਸੁਵਰਨ) ਸੋਨਾ	Dhaes Vaes Suvaran Roopaa Sagal Oonae Kaamaa ||	Land, clothes, gold and silver - all of these things are useless.	ਦੇਸਾਂ (ਦੇ ਰਾਜ), ਕੱਪੜੇ, ਸੋਨਾ, ਚਾਂਦੀ (-ਇਹਨਾਂ ਦੀ ਖ਼ਾਤਰ ਕੀਤੇ ਹੋਏ) ਸਾਰੇ ਉੱਦਮ ਵਿਅਰਥ ਹੋ ਜਾਂਦੇ ਹਨ।
24248	547	ਪੁਤ੍ਰ ਕਲਤ੍ਰ ਨ ਸੰਗਿ ਸੋਭਾ ਹਸਤ ਘੋਰਿ ਵਿਕਾਰੀ॥	ਕ-ਲੱਤ੍ਰ	Puthr Kalathr N Sang Sobhaa Hasath Ghor Vikaaree ||	Children, spouse, worldly honors, elephants, horses and other corrupting influences shall not go with you.	ਪੁੱਤਰ, ਇਸਤ੍ਰੀ, ਦੁਨੀਆ ਦੀ ਵਡਿਆਈ-ਕੁਝ ਭੀ ਮਨੁੱਖ ਦੇ ਨਾਲ ਨਹੀਂ ਜਾਂਦਾ। ਹਾਥੀ ਘੋੜੇ ਆਦਿਕਾਂ ਦੀ ਲਾਲਸਾ ਭੀ ਵਿਕਾਰਾਂ ਵਲ ਲੈ ਜਾਂਦੀ ਹੈ।

24249	547	ਬਿਨਵੰਤ ਨਾਨਕ ਬਿਨੁ ਸਾਧਸੰਗਮ ਸਭ ਮਿਥਿਆ ਸੰਸਾਰੀ॥੧॥		Binavanth Naanak Bin Saadhhasangam Sabh Mithhiaa Sansaaree ||1||	Prays Nanak, without the Saadh Sangat, the Company of the Holy, the whole world is false. ||1||	ਨਾਨਕ ਬੇਨਤੀ ਕਰਦਾ ਹੈ ਕਿ ਸਾਧ ਸੰਗਤ ਤੋਂ ਬਿਨਾ ਦੁਨੀਆ ਦੇ ਸਾਰੇ ਉੱਦਮ ਨਾਸਵੰਤ ਹਨ ॥੧॥
24250	548	ਰਾਜਨ ਕਿਉ ਸੋਇਆ ਤੂ ਨੀਦ ਭਰੇ ਜਾਗਤ ਕਤ ਨਾਹੀ ਰਾਮ॥		Raajan Kio Soeiaa Thoo Needh Bharae Jaagath Kath Naahee Raam ||	O king, why are you sleeping? Why don't you wake up to reality?	ਹੇ ਧਰਤੀ ਦੇ ਸਰਦਾਰ ਮਨੁੱਖ! ਤੂੰ ਕਿਉਂ ਮਾਇਆ ਦੇ ਮੋਹ ਦੀ ਗੂੜ੍ਹੀ ਨੀਂਦ ਵਿਚ ਸੌਂ ਰਿਹਾ ਹੈਂ? ਤੂੰ ਕਿਉਂ ਸੁਚੇਤ ਨਹੀਂ ਹੁੰਦਾ?
24251	548	ਮਾਇਆ ਝੂਠੁ ਰੁਦਨੁ ਕੇਤੇ ਬਿਲਲਾਹੀ ਰਾਮ॥	(ਰੁਦਨੁ) ਰੋਣਾ	Maaeiaa Jhooth Rudhan Kaethae Bilalaahee Raam ||	It is useless to cry and whine about Maya, but so many cry out and bewail.	ਇਸ ਮਾਇਆ ਦੀ ਖ਼ਾਤਰ ਅਨੇਕਾਂ ਹੀ ਮਨੁੱਖ ਝੂਠਾ ਰੋਣ-ਕੁਰਲਾਣ ਕਰਦੇ ਆ ਰਹੇ ਹਨ, ਵਿਲਕਦੇ ਆ ਰਹੇ ਹਨ।
24252	548	ਬਿਲਲਾਹਿ ਕੇਤੇ ਮਹਾ ਮੋਹਨ ਬਿਨੁ ਨਾਮ ਹਰਿ ਕੇ ਸੁਖੁ ਨਹੀ॥		Bilalaahi Kaethae Mehaa Mohan Bin Naam Har Kae Sukh Nehee ||	So many cry out for Maya, the great enticer, but without the Name of the Lord, there is no peace.	ਬੇਅੰਤ ਪ੍ਰਾਣੀ ਇਸ ਡਾਢੀ ਮਨ-ਮੋਹਣੀ ਮਾਇਆ ਦੀ ਖ਼ਾਤਰ ਤਰਲੇ ਲੈਂਦੇ ਆ ਰਹੇ ਹਨ ਪਰ ਪਰਮਾਤਮਾ ਦੇ ਨਾਮ ਤੋਂ ਬਿਨਾ ਸੁਖ (ਕਿਸੇ ਨੂੰ) ਨਹੀਂ ਲੱਭਾ।
24253	548	ਸਹਸ ਸਿਆਣਪ ਉਪਾਵ ਥਾਕੇ ਜਹ ਭਾਵਤ ਤਹ ਜਾਹੀ॥		Sehas Siaanap Oupaav Thhaakae Jeh Bhaavath Theh Jaahee ||	Thousands of clever tricks and efforts will not succeed. One goes wherever the Lord wills him to go.	ਜੀਵ ਹਜ਼ਾਰਾਂ ਚਤੁਰਾਈਆਂ ਹਜ਼ਾਰਾਂ ਹੀਲੇ ਕਰਦੇ ਥੱਕ ਜਾਂਦੇ ਹਨ ਪਰ ਜਿਧਰ ਪਰਮਾਤਮਾ ਦੀ ਰਜ਼ਾ ਹੁੰਦੀ ਹੈ ਉਧਰ ਹੀ ਜੀਵ ਜਾ ਸਕਦੇ ਹਨ।

24254	548	ਆਦਿ ਅੰਤੇ ਮਧਿ ਪੂਰਨ ਸਰਬਤ੍ਰ ਘਟਿ ਘਟਿ ਆਹੀ॥	(ਆਹੀ) ਹੈ	Aadh Anthae Madhh Pooran Sarabathr Ghatt Ghatt Aahee ||	In the beginning, in the middle, and in the end, He is all-pervading everywhere; He is in each and every heart.	ਉਹ ਪਰਮਾਤਮਾ ਸਦਾ ਲਈ ਹੀ ਸਰਬ-ਵਿਆਪਕ ਹੈ, ਹਰ ਥਾਂ ਮੌਜੂਦ ਹੈ, ਹਰੇਕ ਸਰੀਰ ਵਿਚ ਹੈ।
24255	548	ਬਿਨਵੰਤ ਨਾਨਕ ਜਿਨ ਸਾਧਸੰਗਮੁ ਸੇ ਪਤਿ ਸੇਤੀ ਘਰਿ ਜਾਹੀ॥੨॥		Binavanth Naanak Jin Saadhhasangam Sae Path Saethee Ghar Jaahee ||2||	Prays Nanak, those who join the Saadh Sangat go to the house of the Lord with honor. ||2||	ਨਾਨਕ ਬੇਨਤੀ ਕਰਦਾ ਹੈ ਕਿ ਜਿਨ੍ਹਾਂ ਮਨੁੱਖਾਂ ਨੂੰ ਗੁਰੂ ਦਾ ਮਿਲਾਪ ਪ੍ਰਾਪਤ ਹੁੰਦਾ ਹੈ ਉਹ (ਇਥੋਂ) ਇੱਜ਼ਤ ਨਾਲ ਪਰਮਾਤਮਾ ਦੀ ਹਜ਼ੂਰੀ ਵਿਚ ਜਾਂਦੇ ਹਨ ॥੨॥
24256	548	ਨਰਪਤਿ ਜਾਨਿ ਗ੍ਰਹਿਓ ਸੇਵਕ ਸਿਆਣੇ ਰਾਮ॥	(ਗ੍ਰਹਿਓ) ਘਰ ਦੇ	Narapath Jaan Grehiou Saevak Siaanae Raam ||	O king of mortals, know that your palaces and wise servants shall be of no use in the end.	ਰਾਜਾ ਵੀ ਸਿਆਣੇ ਸੇਵਕਾਂ ਨੂੰ (ਆਪਣੇ) ਜਾਣ ਕੇ (ਰਾਜ ਦੇ ਮੋਹ ਵਿਚ) ਫਸ ਜਾਂਦਾ ਹੈ।
24257	548	ਸਰਪਰ ਵੀਛੁੜਣਾ ਮੋਹੇ ਪਛੁਤਾਣੇ ਰਾਮ॥		Sarapar Veeshhurranaa Mohae Pashhuthaanae Raam ||	You shall certainly have to separate yourself from them, and their attachment shall make you feel regret.	ਪਰ (ਦੁਨੀਆ ਦੇ ਪਦਾਰਥਾਂ ਨਾਲੋਂ) ਜ਼ਰੂਰ ਵਿਛੁੜ ਜਾਣਾ ਹੈ, ਜੋ ਮੋਹ ਵਿਚ ਫਸਦੇ ਹਨ, ਉਹ ਆਖ਼ਰ ਹੱਥ ਮਲਦੇ ਰਹਿ ਜਾਂਦੇ ਹਨ।
24258	548	ਹਰਿਚੰਦਉਰੀ ਦੇਖਿ ਭੂਲਾ ਕਹਾ ਅਸਥਿਤਿ ਪਾਈਐ॥		Harichandhouree Dhaekh Bhoolaa Kehaa Asathhith Paaeeai ||	Beholding the phantom city, you have gone astray; how can you now find stability?	ਮਨੁੱਖ ਆਕਾਸ਼ ਵਿਚ ਦੇ ਖ਼ਿਆਲੀ ਸ਼ਹਰ ਵਰਗੇ ਜਗਤ ਨੂੰ ਵੇਖ ਕੇ ਕੁਰਾਹੇ ਪੈ ਜਾਂਦਾ ਹੈ, ਪਰ ਇਥੇ ਕਿਤੇ ਭੀ ਸਦਾ ਦਾ ਟਿਕਾਣਾ ਨਹੀਂ ਮਿਲ ਸਕਦਾ।

24259	548	ਬਿਨੁ ਨਾਮ ਹਰਿ ਕੇ ਆਨ ਰਚਨਾ ਅਹਿਲਾ ਜਨਮੁ ਗਵਾਈਐ॥		Bin Naam Har Kae Aan Rachanaa Ahilaa Janam Gavaaeeai ||	Absorbed in things other than the Name of the Lord, this human life is wasted in vain.	ਪਰਮਾਤਮਾ ਦੇ ਨਾਮ ਤੋਂ ਖੁੰਝ ਕੇ, ਜਗਤ-ਚਰਨਾ ਦੇ ਹੋਰ ਹੋਰ ਪਦਾਰਥਾਂ ਵਿਚ ਫਸ ਕੇ ਸ੍ਰੇਸ਼ਟ ਮਨੁੱਖਾ ਜਨਮ ਗਵਾ ਲਈਦਾ ਹੈ।
24260	548	ਹਉ ਹਉ ਕਰਤ ਨ ਤ੍ਰਿਸਨ ਬੂਝੈ ਨਹ ਕਾਂਮ ਪੂਰਨ ਗਿਆਨੇ॥	ਬੂਝੈ:ਪੋਲਾ ਬੋਲੋ	Ho Ho Karath N Thrisan Boojhai Neh Kaanm Pooran Giaanae ||	Indulging in egotistical actions, your thirst is not quenched. Your desires are not fulfilled, and you do not attain spiritual wisdom.	ਮੈਂ ਮੈਂ ਕਰਦਿਆਂ ਕਦੇ ਮਾਇਆ ਦੀ ਤ੍ਰਿਸ਼ਨਾ ਮੁੱਕਦੀ ਨਹੀਂ, ਤੇ ਮਨੁੱਖਾ ਜਨਮ ਦਾ ਮਨੋਰਥ ਅਤੇ ਆਤਮਕ ਜੀਵਨ ਦੀ ਸੂਝ ਹਾਸਲ ਨਹੀਂ ਹੁੰਦੇ।
24261	548	ਬਿਨਵੰਤਿ ਨਾਨਕ ਬਿਨੁ ਨਾਮ ਹਰਿ ਕੇ ਕੇਤਿਆ ਪਛੁਤਾਨੇ॥੩॥		Binavanth Naanak Bin Naam Har Kae Kaethiaa Pashhuthaanae ||3||	Prays Nanak, without the Name of the Lord, so many have departed with regret. ||3||	ਨਾਨਕ ਬੇਨਤੀ ਕਰਦਾ ਹੈ ਕਿ ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਅਨੇਕਾਂ ਜੀਵ ਹੱਥ ਮਲਦੇ ਜਾਂਦੇ ਹਨ ॥੩॥
24262	548	ਧਾਰਿ ਅਨੁਗ੍ਰਹੋ ਅਪਨਾ ਕਰਿ ਲੀਨਾ ਰਾਮ॥	ਅ-ਨੁੱਗ੍ਰਹੋ	Dhhaar Anugreho Apanaa Kar Leenaa Raam ||	Showering His blessings, the Lord has made me His own.	ਪਰਮਾਤਮਾ ਦਇਆ ਕਰ ਕੇ ਆਪਣਾ ਬਣਾ ਲੈਂਦਾ ਹੈ,

24263	548	ਭੁਜਾ ਗਹਿ ਕਾਢਿ ਲੀਓ ਸਾਧੂਸੰਗੁ ਦੀਨਾ ਰਾਮ॥		Bhujaa Gehi Kaadt Leeou Saadhhoo Sang Dheenaa Raam ||	Grasping me by the arm, He has pulled me out of the mud, and He has blessed me with the Saadh Sangat, the Company of the Holy.	ਤੇ ਉਸ ਨੂੰ ਬਾਹੋਂ ਫੜ ਕੇ (ਮੋਹ ਦੇ ਖੂਹ ਵਿਚੋਂ) ਕੱਢ ਲੈਂਦਾ ਹੈ ਤੇ ਉਸ ਨੂੰ ਗੁਰੂ ਦਾ ਮਿਲਾਪ ਬਖ਼ਸ਼ਦਾ ਹੈ।
24264	548	ਸਾਧਸੰਗਮਿ ਹਰਿ ਅਰਾਧੇ ਸਗਲ ਕਲਮਲ ਦੁਖ ਜਲੇ॥		Saadhhasangam Har Araadhhae Sagal Kalamal Dhukh Jalae ||	Worshipping the Lord in the Saadh Sangat, all my sins and sufferings are burnt away.	ਜੇ ਗੁਰੂ ਦੀ ਸੰਗਤ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ ਉਸ ਦੇ ਸਾਰੇ ਪਾਪ ਸਾਰੇ ਦੁੱਖ ਸੜ ਜਾਂਦੇ ਹਨ।
24265	548	ਮਹਾ ਧਰਮ ਸੁ ਦਾਨ ਕਿਰਿਆ ਸੰਗਿ ਤੇਰੈ ਸੇ ਚਲੇ॥	ਚੱਲੇ	Mehaa Dhharam Sudhaan Kiriaa Sang Thaerai Sae Chalae ||	This is the greatest religion, and the best act of charity; this alone shall go along with you.	ਸਭ ਤੋਂ ਵੱਡਾ ਧਰਮ ਤੇ ਦਾਨ ਹੈ ਨਾਮ-ਜਪਣ ਦਾ ਤੇ ਇਹੀ ਕੰਮ ਤੇਰੇ ਨਾਲ ਜਾ ਸਕਦੇ ਹਨ।
24266	548	ਰਸਨਾ ਅਰਾਧੈ ਏਕੁ ਸੁਆਮੀ ਹਰਿ ਨਾਮਿ ਮਨੁ ਤਨੁ ਭੀਨਾ॥		Rasanaa Araadhhai Eaek Suaamee Har Naam Man Than Bheenaa ||	My tongue chants in adoration the Name of the One Lord and Master; my mind and body are drenched in the Lord's Name.	ਜੇ ਭੀ ਜੀਭ ਨਾਲ ਇਕ ਮਾਲਕ-ਪ੍ਰਭੂ ਦਾ ਆਰਾਧਨ ਕਰਦਾ ਰਹਿੰਦਾ ਹੈ ਉਸ ਦਾ ਮਨ ਤੇ ਹਿਰਦਾ ਨਾਮ-ਜਲ ਵਿਚ ਤਰੋ-ਤਰ ਹੋ ਜਾਂਦਾ ਹੈ।

24267	548	ਨਾਨਕ ਜਿਸ ਨੋ ਹਰਿ ਮਿਲਾਏ ਸੋ ਸਰਬ ਗੁਣ ਪਰਬੀਨਾ॥੪॥੬॥੯॥	(ਪਰਬੀਨਾ) ਸਿਆਣਾ	Naanak Jis No Har Milaaeae So Sarab Gun Parabeenaa ||4||6||9||	O Nanak, whoever the Lord unites with Himself, is filled with all virtues. ||4||6||9||	ਹੇ ਨਾਨਕ! ਜਿਸ ਮਨੁੱਖ ਨੂੰ ਪਰਮਾਤਮਾ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ਉਹ ਸਾਰੇ ਗੁਣਾਂ ਵਿਚ ਸਿਆਣਾ ਹੋ ਜਾਂਦਾ ਹੈ ॥੪॥੬॥੯॥
24268	548	ਬਿਹਾਗੜੇ ਕੀ ਵਾਰ ਮਹਲਾ ੪		Bihaagarrae Kee Vaar Mehalaa 4	Vaar Of Bihaagraa, Fourth Mehl:	ਰਾਗ ਬਿਹਾਗੜਾ ਵਿੱਚ ਗੁਰੂ ਰਾਮਦਾਸ ਜੀ ਦੀ 'ਵਾਰ'।
24269	548	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
24270	548	ਸਲੋਕ ਮਃ ੩॥		Salok Ma 3 ||	Shalok, Third Mehl:	
24271	548	ਗੁਰ ਸੇਵਾ ਤੇ ਸੁਖੁ ਪਾਈਐ ਹੋਰ ਥੈ ਸੁਖੁ ਨ ਭਾਲਿ॥		Gur Saevaa Thae Sukh Paaeeai Hor Thhai Sukh N Bhaal ||	Serving the Guru, peace is obtained; do not search for peace anywhere else.	ਸੁਖ ਸਤਿਗੁਰੂ ਦੀ ਸੇਵਾ ਤੋਂ (ਹੀ) ਮਿਲਦਾ ਹੈ ਕਿਸੇ ਹੋਰ ਥਾਂ ਸੁਖ ਨਾਹ ਢੂੰਢ,
24272	548	ਗੁਰ ਕੈ ਸਬਦਿ ਮਨੁ ਭੇਦੀਐ ਸਦਾ ਵਸੈ ਹਰਿ ਨਾਲਿ॥		Gur Kai Sabadh Man Bhaedheeai Sadhaa Vasai Har Naal ||	The soul is pierced by the Word of the Guru's Shabad. The Lord dwells ever with the soul.	ਜਦੋਂ ਸਤਿਗੁਰੂ ਦੇ ਸ਼ਬਦ ਵਿਚ ਮਨ ਨੂੰ ਪ੍ਰੋ ਦੇਈਏ ਤਾਂ ਹਰੀ ਸਦਾ ਅੰਗ ਸੰਗ ਵੱਸਦਾ ਹੈ।

24273	548	ਨਾਨਕ ਨਾਮੁ ਤਿਨਾ ਕਉ ਮਿਲੈ ਜਿਨ ਹਰਿ ਵੇਖੈ ਨਦਰਿ ਨਿਹਾਲਿ॥੧॥		Naanak Naam Thinaa Ko Milai Jin Har Vaekhai Nadhar Nihaal ||1||	O Nanak, they alone obtain the Naam, the Name of the Lord, who are blessed by the Lord with His Glance of Grace. ||1||	ਹੇ ਨਾਨਕ! (ਹਰੀ ਦਾ) ਨਾਮ ਉਹਨਾਂ ਨੂੰ ਮਿਲਦਾ ਹੈ, ਜਿਨ੍ਹਾਂ ਨੂੰ ਪ੍ਰਭੂ ਮੇਹਰ ਦੀ ਨਜ਼ਰ ਨਾਲ ਵੇਖਦਾ ਹੈ ॥੧॥
24274	548	ਮਃ ੩॥		Ma 3 ||	Third Mehl:	
24275	548	ਸਿਫਤਿ ਖਜਾਨਾ ਬਖਸ ਹੈ ਜਿਸੁ ਬਖਸੈ ਸੋ ਖਰਚੈ ਖਾਇ॥		Sifath Khajaanaa Bakhas Hai Jis Bakhasai So Kharachai Khaae ||	The treasure of the Lord's Praise is such a blessed gift; he alone obtains it to spend, unto whom the Lord bestows it.	ਹਰੀ ਦੀ ਸਿਫ਼ਤ-ਸਾਲਾਹ ਦਾ ਖ਼ਜ਼ਾਨਾ (ਹਰੀ ਦੀ) ਬਖ਼ਸ਼ਸ਼ ਹੈ ਤੇ ਜਿਸ ਨੂੰ (ਪ੍ਰਭੂ) ਬਖ਼ਸ਼ਦਾ ਹੈ ਉਹ ਹੀ ਖ਼ਰਚਦਾ ਤੇ ਖ਼ਾਂਦਾ ਹੈ (ਭਾਵ, ਸਿਫ਼ਤ-ਸਾਲਾਹ ਦਾ ਆਨੰਦ ਲੈਂਦਾ ਹੈ)।
24276	548	ਸਤਿਗੁਰ ਬਿਨੁ ਹਥਿ ਨ ਆਵਈ ਸਭ ਥਕੇ ਕਰਮ ਕਮਾਇ॥		Sathigur Bin Hathh N Aavee Sabh Thhakae Karam Kamaae ||	Without the True Guru, it does not come to hand; all have grown weary of performing religious rituals.	ਬਥੇਰੇ ਕਰਮ-ਕਾਂਡ ਕਰਕੇ ਲੋਕ ਕਰ ਕੇ ਥੱਕ ਜਾਂਦੇ ਹਨ ਪਰ (ਇਹ ਬਖ਼ਸ਼ਸ਼) ਸਤਿਗੁਰੂ ਤੋਂ ਬਿਨਾਂ ਮਿਲਦੀ ਨਹੀਂ।
24277	548	ਨਾਨਕ ਮਨਮੁਖੁ ਜਗਤੁ ਧਨ ਹੀਣੁ ਹੈ ਅਗੈ ਭੁਖਾ ਕਿ ਖਾਇ॥੨॥	ਜੱਗਤੁ	Naanak Manamukh Jagath Dhhaneheen Hai Agai Bhukhaa K Khaae ||2||	O Nanak, the self-willed manmukhs of the world lack this wealth; when they are hungry in the next world, what will they have to eat there? ||2||	ਹੇ ਨਾਨਕ! ਮਨ ਦਾ ਅਧੀਨ (ਤੇ ਸਤਿਗੁਰੂ ਤੋਂ ਭੁੱਲਾ) ਹੋਇਆ ਸੰਸਾਰ ਅਸਲ ਧਨ ਤੋਂ ਸੱਖਣਾ ਹੈ ਤੇ (ਆਤਮਕ ਜੀਵਨ) ਦਾ ਭੁਖਾ ਇਸ ਤੋਂ ਕੁਝ ਨਹੀਂ ਹਾਸਲ ਕਰ ਸਕਦਾ ॥੨॥

24278	548	ਪਉੜੀ॥		Pourree ||	Pauree:	
24279	548	ਸਭ ਤੇਰੀ ਤੂ ਸਭਸ ਦਾ ਸਭ ਤੁਧੁ ਉਪਾਇਆ॥		Sabh Thaeree Thoo Sabhas Dhaa Sabh Thudhh Oupaaeiaa ||	All are Yours, and You belong to all. You created all.	ਹੇ ਪ੍ਰਭੂ! ਸਾਰੀ ਸ੍ਰਿਸ਼ਟੀ ਤੇਰੀ ਹੈ, ਤੂੰ ਸਭਨਾਂ ਦਾ ਮਾਲਕ ਹੈਂ, ਸਭਨਾਂ ਨੂੰ ਤੂੰ ਹੀ ਪੈਦਾ ਕੀਤਾ ਹੈ।
24280	548	ਸਭਨਾ ਵਿਚਿ ਤੂ ਵਰਤਦਾ ਤੂ ਸਭਨੀ ਧਿਆਇਆ॥		Sabhanaa Vich Thoo Varathadhaa Thoo Sabhanee Dhhiaaeiaa ||	You are pervading within all - all meditate on You.	ਸਾਰਿਆਂ (ਜੀਵਾਂ) ਵਿਚ ਤੂੰ ਵਿਆਪਕ ਹੈਂ, ਤੇ ਸਭ ਤੇਰਾ ਸਿਮਰਨ ਕਰਦੇ ਹਨ।
24281	548	ਤਿਸ ਦੀ ਤੂ ਭਗਤਿ ਥਾਇ ਪਾਇਹਿ ਜੋ ਤੁਧੁ ਮਨਿ ਭਾਇਆ॥		This Dhee Thoo Bhagath Thhaae Paaeihi Jo Thudhh Man Bhaaeiaa ||	You accept the devotional worship of those who are pleasing to Your Mind.	ਜੋ ਮਨੁੱਖ ਤੈਨੂੰ ਮਨ ਵਿਚ ਪਿਆਰਾ ਲੱਗਦਾ ਹੈ, ਉਸ ਦੀ ਭਗਤੀ ਤੂੰ ਕਬੂਲ ਕਰਦਾ ਹੈਂ।
24282	548	ਜੋ ਹਰਿ ਪ੍ਰਭ ਭਾਵੈ ਸੋ ਥੀਐ ਸਭਿ ਕਰਨਿ ਤੇਰਾ ਕਰਾਇਆ॥		Jo Har Prabh Bhaavai So Thheeai Sabh Karan Thaeraa Karaaeiaa ||	Whatever pleases the Lord God happens; all act as You cause them to act.	ਹੇ ਹਰੀ ਪ੍ਰਭੂ! ਜੋ ਤੈਨੂੰ ਚੰਗਾ ਲੱਗਦਾ ਹੈ ਸੋ (ਸੰਸਾਰ ਵਿਚ) ਹੁੰਦਾ ਹੈ, ਸਾਰੇ ਜੀਵ ਤੇਰਾ ਕਰਾਇਆ ਕਰਦੇ ਹਨ।

24283	548	ਸਲਾਹਿਹੁ ਹਰਿ ਸਭਨਾ ਤੇ ਵਡਾ ਜੋ ਸੰਤ ਜਨਾਂ ਕੀ ਪੈਜ ਰਖਦਾ ਆਇਆ॥੧॥		Salaahihu Har Sabhanaa Thae Vaddaa Jo Santh Janaan Kee Paij Rakhadhaa Aaeiaa ||1||	Praise the Lord, the greatest of all; He preserves the honor of the Saints. ||1||	ਜੋ ਹਰੀ (ਮੁੱਢ ਤੋਂ) ਭਗਤਾਂ ਦੀ ਲਾਜ ਰੱਖਦਾ ਆਇਆ ਹੈ ਤੇ ਸਭ ਤੋਂ ਵੱਡਾ ਹੈ, ਉਸ ਦੀ ਸਿਫ਼ਤ-ਸਾਲਾਹ ਕਰੋ ॥੧॥
24284	548	ਸਲੋਕ ਮਃ ੩॥		Salok Ma 3 ||	Shalok, Third Mehl:	
24285	548	ਨਾਨਕ ਗਿਆਨੀ ਜਗੁ ਜੀਤਾ ਜਗਿ ਜੀਤਾ ਸਭੁ ਕੋਇ॥	ਜੱਗੁ	Naanak Giaanee Jag Jeethaa Jag Jeethaa Sabh Koe ||	O Nanak, the spiritually wise one has conquered all others.	ਹੇ ਨਾਨਕ! ਗਿਆਨਵਾਨ ਮਨੁੱਖ ਨੇ ਸੰਸਾਰ ਨੂੰ (ਭਾਵ, ਮਾਇਆ ਦੇ ਮੋਹ ਨੂੰ) ਜਿੱਤ ਲਿਆ ਹੈ, (ਤੇ ਗਿਆਨੀ ਤੋਂ ਬਿਨਾ) ਹਰ ਇਕ ਮਨੁੱਖ ਨੂੰ ਸੰਸਾਰ ਨੇ ਜਿੱਤਿਆ ਹੈ, (ਗਿਆਨੀ ਦੇ)
24286	548	ਨਾਮੇ ਕਾਰਜ ਸਿਧਿ ਹੈ ਸਹਜੇ ਹੋਇ ਸੁ ਹੋਇ॥		Naamae Kaaraj Sidhh Hai Sehajae Hoe S Hoe ||	Through the Name, his affairs are brought to perfection; whatever happens is by His Will.	(ਆਤਮਕ ਜੀਵਨ) ਦੀ ਸਫਲਤਾ ਨਾਮ ਜਪਣ ਨਾਲ ਹੀ ਹੁੰਦੀ ਹੈ ਤਾਂ ਇੰਜ ਜਾਪਦਾ ਹੈ ਕਿ ਜੋ ਕੁਝ ਹੋ ਰਿਹਾ ਹੈ, ਪ੍ਰਭੂ ਦੀ ਰਜ਼ਾ ਵਿਚ ਹੋ ਰਿਹਾ ਹੈ।
24287	548	ਗੁਰਮਤਿ ਮਤਿ ਅਚਲੁ ਹੈ ਚਲਾਇ ਨ ਸਕੈ ਕੋਇ॥	ਅ-ਚੱਲੁ	Guramath Math Achal Hai Chalaae N Sakai Koe ||	Under Guru's Instruction, his mind is held steady; no one can make him waver.	ਸਤਿਗੁਰੂ ਦੀ ਮੱਤ ਤੇ ਤੁਰਿਆਂ (ਮਨੁੱਖ ਦੀ) ਮੱਤ ਪੱਕੀ ਹੋ ਜਾਂਦੀ ਹੈ, ਕੋਈ (ਮਾਇਕ ਵਿਹਾਰ) ਉਸ ਨੂੰ ਡੁਲਾ ਨਹੀਂ ਸਕਦਾ,

24288	548	ਭਗਤਾ ਕਾ ਹਰਿ ਅੰਗੀਕਾਰੁ ਕਰੇ ਕਾਰਜੁ ਸੁਹਾਵਾ ਹੋਇ॥		Bhagathaa Kaa Har Angeekaar Karae Kaaraj Suhaavaa Hoe ||	The Lord makes His devotee His own, and his affairs are adjusted.	ਤੇ (ਉਸ ਨੂੰ ਨਿਸਚਾ ਹੁੰਦਾ ਹੈ ਕਿ) ਪ੍ਰਭੂ ਭਗਤਾਂ ਦਾ ਸਾਥ ਨਿਭਾਉਂਦਾ ਹੈ (ਤੇ ਉਹਨਾਂ ਦਾ ਹਰੇਕ) ਕੰਮ ਰਾਸ ਆ ਜਾਂਦਾ ਹੈ।
24289	549	ਮਨਮੁਖ ਮੂਲਹੁ ਭੁਲਾਇਅਨੁ ਵਿਚਿ ਲਬੁ ਲੋਭੁ ਅਹੰਕਾਰੁ॥		Manamukh Moolahu Bhulaaeian Vich Lab Lobh Ahankaar ||	The self-willed manmukhs have been led astray from the very beginning; within them lurks greed, avarice and ego.	ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਪ੍ਰਭੂ ਤੋਂ ਭੁੱਲੇ ਹੋਏ ਹਨ, ਕਿਉਂਕਿ ਉਹਨਾਂ ਦੇ ਅੰਦਰ ਲੱਬ ਲੋਭ ਤੇ ਅਹੰਕਾਰ ਹੈ।
24290	549	ਝਗੜਾ ਕਰਦਿਆ ਅਨ ਦਿਨੁ ਗੁਦਰੈ ਸਬਦਿ ਨ ਕਰੈ ਵੀਚਾਰੁ॥		Jhagarraa Karadhiaa Anadhin Gudharai Sabadh N Karai Veechaar ||	Their nights and days pass in argument, and they do not reflect upon the Word of the Shabad.	ਉਹਨਾਂ ਦਾ ਹਰੇਕ ਦਿਨ (ਲੱਬ ਲੋਭ ਆਦਿਕ ਸੰਬੰਧੀ) ਝਗੜਾ ਕਰਦਿਆਂ ਗੁਜ਼ਰਦਾ ਹੈ, ਉਹ ਗੁਰੂ ਦੇ ਸ਼ਬਦ ਵਿਚ ਵਿਚਾਰ ਨਹੀਂ ਕਰਦੇ।
24291	549	ਸੁਧਿ ਮਤਿ ਕਰਤੈ ਹਿਰਿ ਲਈ ਬੋਲਨਿ ਸਭੁ ਵਿਕਾਰੁ॥		Sudhh Math Karathai Hir Lee Bolan Sabh Vikaar ||	The Creator has taken away their subtle intellect, and all their speech is corrupt.	ਕਰਤਾਰ ਨੇ ਉਹਨਾਂ ਮਨਮੁਖਾਂ ਦੀ ਹੋਸ਼ ਤੇ ਅਕਲ ਖੋਹ ਲਈ ਹੈ ਉਹ ਨਿਰੇ ਵਿਕਾਰਾਂ ਦੇ ਬਚਨ ਹੀ ਬੋਲਦੇ ਹਨ।

24292	549	ਦਿਤੈ ਕਿਤੈ ਨ ਸੰਤੋਖੀਅਨਿ ਅੰਤਰਿ ਤ੍ਰਿਸਨਾ ਬਹੁਤੁ ਅਗ੍ਯਾਨੁ ਅੰਧਾਰੁ॥	ਅਗਿਆਨੁ	Dhithai Kithai N Santhokheean Anthar Thrisanaa Bahuth Agyaan Andhhaar ||	No matter what they are given, they are not satisfied; within them is desire, and the great darkness of ignorance.	ਉਹ ਕਿਸੇ ਭੀ ਦਾਤ ਦੇ ਮਿਲਣ ਤੇ ਰੱਜਦੇ ਨਹੀਂ ਕਿਉਂਕਿ ਉਹਨਾਂ ਦੇ ਮਨ ਵਿਚ ਬੜੀ ਤ੍ਰਿਸ਼ਨਾ ਅਗਿਆਨ ਤੇ ਹਨੇਰਾ ਹੈ।
24293	549	ਨਾਨਕ ਮਨਮੁਖਾ ਨਾਲਹੁ ਤੁਟੀਆ ਭਲੀ ਜਿਨਾ ਮਾਇਆ ਮੋਹਿ ਪਿਆਰੁ॥੧॥		Naanak Manamukhaa Naalahu Thutteeaa Bhalee Jinaa Maaeiaa Mohi Piaar ||1||	O Nanak, it is right to break with the self-willed manmukhs; to them, the love of Maya is sweet. ||1||	ਹੇ ਨਾਨਕ! (ਅਜੇਹੇ) ਮਨਮੁਖਾਂ ਨਾਲੋਂ ਸੰਬੰਧ ਟੁੱਟਾ ਹੋਇਆ ਹੀ ਚੰਗਾ ਹੈ, ਕਿਉਂਕਿ ਉਹਨਾਂ ਦਾ ਪਿਆਰ ਤਾਂ ਮਾਇਆ ਦੇ ਮੋਹ ਵਿਚ ਹੈ ॥੧॥
24294	549	ਮਃ ੩॥		Ma 3 ||	Third Mehl:	
24295	549	ਤਿਨ੍ਹ ਭਉ ਸੰਸਾ ਕਿਆ ਕਰੇ ਜਿਨ ਸਤਿਗੁਰੁ ਸਿਰਿ ਕਰਤਾਰੁ॥		Thinh Bho Sansaa Kiaa Karae Jin Sathigur Sir Karathaar ||	What can fear and doubt do to those, who have given their heads to the Creator, and to the True Guru?	ਜਿਨ੍ਹਾਂ ਦੇ ਸਿਰ ਪ੍ਰਭੂ ਤੇ ਗੁਰੂ ਹੈ (ਭਾਵ, ਜੋ ਪ੍ਰਭੂ ਤੇ ਗੁਰੂ ਨੂੰ ਰਾਖਾ ਸਮਝਦੇ ਹਨ), ਡਰ ਤੇ ਚਿੰਤਾ ਉਹਨਾਂ ਦਾ ਕੀਹ ਵਿਗਾੜ ਸਕਦੇ ਹਨ?
24296	549	ਧੁਰਿ ਤਿਨ ਕੀ ਪੈਜ ਰਖਦਾ ਆਪੇ ਰਖਣਹਾਰੁ॥		Dhhur Thin Kee Paij Rakhadhaa Aapae Rakhanehaar ||	He who has preserved honor from the beginning of time, He shall preserve their honor as well.	ਰੱਖਿਆ ਕਰਨ ਵਾਲਾ ਪ੍ਰਭੂ ਆਪ ਉਹਨਾਂ ਦੀ ਲਾਜ ਸਦਾ ਤੋਂ ਰੱਖਦਾ ਆਇਆ ਹੈ।

24297	549	ਮਿਲਿ ਪ੍ਰੀਤਮ ਸੁਖੁ ਪਾਇਆ ਸਚੈ ਸਬਦਿ ਵੀਚਾਰਿ॥		Mil Preetham Sukh Paaeiaa Sachai Sabadh Veechaar ||	Meeting their Beloved, they find peace; they reflect upon the True Word of the Shabad.	ਤੇ (ਇਸ ਤਰ੍ਹਾਂ) ਸੱਚੇ ਸ਼ਬਦ ਦੀ ਰਾਹੀਂ ਵੀਚਾਰ ਕਰ ਕੇ ਤੇ ਹਰੀ ਪ੍ਰੀਤਮ ਨੂੰ ਮਿਲ ਕੇ ਉਹ ਸੁਖ ਪਾਉਂਦੇ ਹਨ।
24298	549	ਨਾਨਕ ਸੁਖਦਾਤਾ ਸੇਵਿਆ ਆਪੇ ਪਰਖਣਹਾਰੁ॥੨॥		Naanak Sukhadhaathaa Saeviaa Aapae Parakhanehaar ||2||	O Nanak, I serve the Giver of Peace; He Himself is the Assessor. ||2||	ਹੇ ਨਾਨਕ! ਜੋ ਸੁਖਦਾਤਾ ਪ੍ਰਭੂ ਆਪ ਹੀ (ਸਭ ਦੀ) ਪਰਖ ਕਰਨ ਵਾਲਾ ਹੈ ਉਸ ਦੀ ਉਹ ਸੇਵਾ ਕਰਦੇ ਹਨ ॥੨॥
24299	549	ਪਉੜੀ॥		Pourree ||	Pauree:	
24300	549	ਜੀਅ ਜੰਤ ਸਭਿ ਤੇਰਿਆ ਤੂ ਸਭਨਾ ਰਾਸਿ॥		Jeea Janth Sabh Thaeriaa Thoo Sabhanaa Raas ||	All beings are Yours; You are the wealth of all.	ਹੇ ਹਰੀ! ਸਾਰੇ ਜੀਅ ਜੰਤ ਤੇਰੇ ਹਨ, ਤੂੰ ਸਭਨਾਂ ਦਾ ਖ਼ਜ਼ਾਨਾ ਹੈਂ।
24301	549	ਜਿਸ ਨੋ ਤੂ ਦੇਹਿ ਤਿਸੁ ਸਭੁ ਕਿਛੁ ਮਿਲੈ ਕੋਈ ਹੋਰੁ ਸਰੀਕੁ ਨਾਹੀ ਤੁਧੁ ਪਾਸਿ॥		Jis No Thoo Dhaehi This Sabh Kishh Milai Koee Hor Sareek Naahee Thudhh Paas ||	One unto whom You give, obtains everything; there is no one else to rival You.	ਜਿਸ ਮਨੁੱਖ ਨੂੰ ਤੂੰ (ਆਪਣੇ ਨਾਮ ਦੀ) ਦਾਤ ਬਖਸ਼ਦਾ ਹੈਂ, ਉਸ ਨੂੰ (ਮਾਨੋ) ਹਰੇਕ ਸ਼ੈ ਮਿਲ ਜਾਂਦੀ ਹੈ; ਤੇਰੇ ਬਰਿਬਰ ਦਾ ਹੋਰ ਕੋਈ ਨਹੀਂ ਹੈ।
24302	549	ਤੂ ਇਕੋ ਦਾਤਾ ਸਭਸ ਦਾ ਹਰਿ ਪਹਿ ਅਰਦਾਸਿ॥		Thoo Eiko Dhaathaa Sabhas Dhaa Har Pehi Aradhaas ||	You alone are the Great Giver of all; I offer my prayer unto You, Lord.	ਤੂੰ ਇਕੱਲਾ ਆਪ ਸਭਨਾਂ ਦਾ ਦਾਤਾ ਹੈਂ (ਇਸ ਕਰ ਕੇ) ਹੇ ਹਰੀ! (ਸਭ ਜੀਵਾਂ ਦੀ) ਤੇਰੇ ਅੱਗੇ ਹੀ ਬੇਨਤੀ ਹੁੰਦੀ ਹੈ।

24303	549	ਜਿਸ ਦੀ ਤੁਧੁ ਭਾਵੈ ਤਿਸ ਦੀ ਤੂ ਮੰਨਿ ਲੈਹਿ ਸੋ ਜਨੁ ਸਾਬਾਸਿ॥		Jis Dhee Thudhh Bhaavai This Dhee Thoo Mann Laihi So Jan Saabaas ||	One with whom You are pleased, is accepted by You; how blessed is such a person!	ਜਿਸਦੀ ਬੇਨਤੀ ਤੈਨੂੰ ਚੰਗੀ ਲਗੇ, ਉਸਦੀ ਤੂੰ ਪ੍ਰਵਾਨ ਕਰ ਲੈਂਦਾ ਹੈਂ ਤੇ ਉਸ ਮਨੁੱਖ ਨੂੰ ਸ਼ਾਬਾਸ਼ੇ ਮਿਲਦੀ ਹੈ।
24304	549	ਸਭੁ ਤੇਰਾ ਚੋਜੁ ਵਰਤਦਾ ਦੁਖੁ ਸੁਖੁ ਤੁਧੁ ਪਾਸਿ॥੨॥		Sabh Thaeraa Choj Varathadhaa Dhukh Sukh Thudhh Paas ||2||	Your wondrous play is pervading everywhere. I place my pain and pleasure before You. ||2||	ਇਹ ਸਾਰਾ ਤੇਰਾ ਹੀ ਕੌਤਕ ਵਰਤ ਰਿਹਾ ਹੈ, (ਸਭਨਾਂ ਦਾ) ਦੁੱਖ ਤੇ ਸੁਖ (ਦਾ ਤਰਲਾ) ਤੇਰੇ ਕੋਲ ਹੀ ਹੁੰਦਾ ਹੈ ॥੨॥
24305	549	ਸਲੋਕ ਮਃ ੩॥		Salok Ma 3 ||	Shalok, Third Mehl:	
24306	549	ਗੁਰਮੁਖਿ ਸਚੈ ਭਾਵਦੇ ਦਰਿ ਸਚੈ ਸਚਿਆਰ॥		Guramukh Sachai Bhaavadhae Dhar Sachai Sachiaar ||	The Gurmukhs are pleasing to the True Lord; they are judged to be true in the True Court.	ਸਤਿਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਸੱਚੇ ਪ੍ਰਭੂ ਨੂੰ ਪਿਆਰੇ ਲੱਗਦੇ ਹਨ ਤੇ ਸੱਚੇ ਦੇ ਦਰ ਤੇ ਉਹ ਸੱਚ ਦੇ ਵਾਪਾਰੀ (ਸਮਝੇ ਜਾਂਦੇ ਹਨ)।
24307	549	ਸਾਜਨ ਮਨਿ ਆਨੰਦੁ ਹੈ ਗੁਰ ਕਾ ਸਬਦੁ ਵੀਚਾਰ॥		Saajan Man Aanandh Hai Gur Kaa Sabadh Veechaar ||	The minds of such friends are filled with bliss, as they reflect upon the Word of the Guru's Shabad.	ਸਤਿਗੁਰੂ ਦੇ ਸ਼ਬਦ ਨੂੰ ਵਿਚਾਰਨ ਵਾਲੇ ਉਹਨਾਂ ਸੱਜਨਾਂ ਦੇ ਮਨ ਵਿਚ (ਸਦਾ) ਖਿੜਾਉ ਹੁੰਦਾ ਹੈ।

24308	549	ਅੰਤਰਿ ਸਬਦੁ ਵਸਾਇਆ ਦੁਖੁ ਕਟਿਆ ਚਾਨਣੁ ਕੀਆ ਕਰਤਾਰਿ॥		Anthar Sabadh Vasaaeiaa Dhukh Kattiaa Chaanan Keeaa Karathaar ||	They enshrine the Shabad within their hearts; their pain is dispelled, and the Creator blesses them with the Divine Light.	ਸਤਿਗੁਰੂ ਦਾ ਸ਼ਬਦ ਉਹਨਾਂ ਨੇ ਹਿਰਦੇ ਵਿਚ ਵਸਾਇਆ ਹੋਇਆ ਹੈ (ਇਸ ਲਈ) ਸਿਰਜਣਹਾਰ ਨੇ ਉਹਨਾਂ ਦਾ ਦੁੱਖ ਕੱਟਿਆ ਹੈ ਤੇ ਉਹਨਾਂ ਦੇ ਹਿਰਦੇ ਵਿੱਚ ਚਾਨਣ ਕੀਤਾ ਹੈ।
24309	549	ਨਾਨਕ ਰਖਣਹਾਰਾ ਰਖਸੀ ਆਪਣੀ ਕਿਰਪਾ ਧਾਰਿ॥੧॥		Naanak Rakhanehaaraa Rakhasee Aapanee Kirapaa Dhhaar ||1||	O Nanak, the Savior Lord shall save them, and shower them with His Mercy. ||1||	ਹੇ ਨਾਨਕ! ਰੱਖਿਆ ਕਰਨ ਵਾਲਾ ਪ੍ਰਭੂ ਆਪਣੀ ਮੇਹਰ ਨਾਲ ਉਹਨਾਂ ਦੀ ਸਦਾ ਰੱਖਿਆ ਕਰਦਾ ਹੈ ॥੧॥
24310	549	ਮਃ ੩॥		Ma 3 ||	Third Mehl:	
24311	549	ਗੁਰ ਕੀ ਸੇਵਾ ਚਾਕਰੀ ਭੈ ਰਚਿ ਕਾਰ ਕਮਾਇ॥		Gur Kee Saevaa Chaakaree Bhai Rach Kaar Kamaae ||	Serve the Guru, and wait upon Him; as you work, maintain the Fear of God.	ਜੇ ਮਨੁਖ (ਪ੍ਰਭੂ ਦੇ) ਡਰ ਵਿਚ ਰਚ ਕੇ ਗੁਰੂ ਦੀ ਦੱਸੀ ਹੋਈ ਸੇਵਾ ਚਾਕਰੀ ਕਾਰ ਕਰੇ,
24312	549	ਜੇਹਾ ਸੇਵੈ ਤੇਹੋ ਹੋਵੈ ਜੇ ਚਲੈ ਤਿਸੈ ਰਜਾਇ॥		Jaehaa Saevai Thaeho Hovai Jae Chalai Thisai Rajaae ||	As you serve Him, you will become like Him, as you walk according to His Will.	ਤੇ ਉਸੇ ਪ੍ਰਭੂ ਦੀ ਰਜ਼ਾ ਵਿਚ ਤੁਰੇ ਤਾਂ ਉਹ ਉਸ ਪ੍ਰਭੂ ਵਰਗਾ ਹੀ ਹੋ ਜਾਂਦਾ ਹੈ ਜਿਸ ਨੂੰ ਇਹ ਸਿਮਰਦਾ ਹੈ।

24313	549	ਨਾਨਕ ਸਭੁ ਕਿਛੁ ਆਪਿ ਹੈ ਅਵਰੁ ਨ ਦੂਜੀ ਜਾਇ॥੨॥		Naanak Sabh Kishh Aap Hai Avar N Dhoojee Jaae ||2||	O Nanak, He Himself is everything; there is no other place to go. ||2||	ਫਿਰ, ਹੇ ਨਾਨਕ! (ਐਸੇ ਮਨੁੱਖ ਨੂੰ) ਸਭਨੀ ਥਾਈਂ ਪ੍ਰਭੂ ਹੀ ਪ੍ਰਭੂ ਦਿੱਸਦਾ ਹੈ, (ਉਸ ਤੋਂ ਬਿਨਾ) ਕੋਈ ਹੋਰ ਨਹੀਂ ਦਿੱਸਦਾ, ਤੇ ਨਾਹ ਕੋਈ ਹੋਰ (ਆਸਰੇ ਦੀ) ਥਾਂ ਦਿੱਸਦੀ ਹੈ ॥੨॥
24314	549	ਪਉੜੀ॥		Pourree ||	Pauree:	
24315	549	ਤੇਰੀ ਵਡਿਆਈ ਤੂਹੈ ਜਾਣਦਾ ਤੁਧੁ ਜੇਵਡੁ ਅਵਰੁ ਨ ਕੋਈ॥		Thaeree Vaddiaaee Thoohai Jaanadhaa Thudhh Jaevadd Avar N Koee ||	You alone know Your greatness - no one else is as great as You.	ਕਿ ਤੂੰ ਕੇਡਾ ਵੱਡਾ ਹੈਂ, ਇਹ ਤੂੰ ਆਪ ਹੀ ਜਾਣਦਾ ਹੈਂ, ਕਿਉਂਕਿ ਤੇਰੇ ਜੇਡਾ ਹੋਰ ਕੋਈ ਨਹੀਂ ਹੈ,
24316	549	ਤੁਧੁ ਜੇਵਡੁ ਹੋਰੁ ਸਰੀਕੁ ਹੋਵੈ ਤਾ ਆਖੀਐ ਤੁਧੁ ਜੇਵਡੁ ਤੂਹੈ ਹੋਈ॥		Thudhh Jaevadd Hor Sareek Hovai Thaa Aakheeai Thudhh Jaevadd Thoohai Hoee ||	If there were some other rival as great as You, then I would speak of him. You alone are as great as You are.	ਜੇ ਤੇਰੇ ਜੇਡਾ ਕੋਈ ਹੋਰ ਸ਼ਰੀਕ ਹੋਵੇ ਤਾਂ ਹੀ ਦੱਸ ਸਕੀਏ (ਕਿ ਤੂੰ ਕੇਡਾ ਵੱਡਾ ਹੈਂ) (ਪਰ) ਤੇਰੇ ਜੇਡਾ ਤੂੰ ਆਪ ਹੀ ਹੈਂ।
24317	549	ਜਿਨਿ ਤੂ ਸੇਵਿਆ ਤਿਨਿ ਸੁਖੁ ਪਾਇਆ ਹੋਰੁ ਤਿਸ ਦੀ ਰੀਸ ਕਰੇ ਕਿਆ ਕੋਈ॥		Jin Thoo Saeviaa Thin Sukh Paaeiaa Hor This Dhee Rees Karae Kiaa Koee ||	One who serves You obtains peace; who else can compare to You?	ਜਿਸ ਮਨੁੱਖ ਨੇ ਤੈਨੂੰ ਸਿਮਰਿਆ ਹੈ ਉਸ ਨੇ ਸੁਖ ਪਾਇਆ ਹੈ, ਕੋਈ ਹੋਰ ਮਨੁੱਖ ਉਸ ਦੀ ਕੀਹ ਰੀਸ ਕਰ ਸਕਦਾ ਹੈ?

24318	549	ਤੂ ਭੰਨਣ ਘੜਣ ਸਮਰਥੁ ਦਾਤਾਰੁ ਹਹਿ ਤੁਧੁ ਅਗੈ ਮੰਗਣ ਨੋ ਹਥ ਜੋੜਿ ਖਲੀ ਸਭ ਹੋਈ॥	ਸਮਰੱਥੁ। ਹ-ਹਿ। ਹੱਥ	Thoo Bhannan Gharran Samarathh Dhaathaar Hehi Thudhh Agai Mangan No Hathh Jorr Khalee Sabh Hoee ||	You are all-powerful to destroy and create, O Great Giver; with palms pressed together, all stand begging before You.	ਤੂੰ ਸਰੀਰਾਂ ਨੂੰ ਬਣਾ ਤੇ ਨਾਸ ਆਪ ਕਰ ਸਕਦਾ ਹੈਂ, ਸਭ ਦਾਤਾਂ ਭੀ ਬਖ਼ਸ਼ਣ ਵਾਲਾ ਹੈਂ, ਸਾਰੀ ਸ੍ਰਿਸ਼ਟੀ ਤੇਰੇ ਅਗੇ ਦਾਤਾਂ ਮੰਗਣ ਲਈ ਹੱਥ ਜੋੜ ਕੇ ਖਲੋਤੀ ਹੋਈ ਹੈ।
24319	549	ਤੁਧੁ ਜੇਵਡੁ ਦਾਤਾਰੁ ਮੈ ਕੋਈ ਨਦਰਿ ਨ ਆਵਈ ਤੁਧੁ ਸਭਸੈ ਨੋ ਦਾਨੁ ਦਿਤਾ ਖੰਡੀ ਵਰਭੰਡੀ ਪਾਤਾਲੀ ਪੁਰਈ ਸਭ ਲੋਈ॥੩॥	ਆ-ਵਈ। ਪੁਰ-ਈ	Thudhh Jaevadd Dhaathaar Mai Koee Nadhar N Aavee Thudhh Sabhasai No Dhaan Dhithaa Khanddee Varabhanddee Paathaalee Puree Sabh Loee ||3||	I see none as great as You, O Great Giver; You give in charity to the beings of all the continents, worlds, solar systems, nether regions and universes. ||3||	ਮੈਨੂੰ ਤੇਰੇ ਜੇਡਾ ਕੋਈ ਹੋਰ ਦਾਨੀ ਨਜ਼ਰ ਨਹੀਂ ਆਉਂਦਾ, ਖੰਡਾਂ, ਬ੍ਰਹਮੰਡਾਂ, ਪਾਤਾਲਾਂ, ਪੁਰੀਆਂ, ਸਾਰੇ (ਚੌਦਾਂ ਹੀ) ਲੋਕਾਂ ਵਿਚ ਤੂੰ ਹੀ ਸਭ ਜੀਆਂ ਨੂੰ ਬਖ਼ਸ਼ਸ਼ ਕੀਤੀ ਹੈ ॥੩॥
24320	549	ਸਲੋਕ ਮਃ ੩॥		Salok Ma 3 ||	Shalok, Third Mehl:	
24321	549	ਮਨਿ ਪਰਤੀਤਿ ਨ ਆਈਆ ਸਹਜਿ ਨ ਲਗੋ ਭਾਉ॥		Man Paratheeth N Aaeeaa Sehaj N Lago Bhaao ||	O mind, you have no faith, and you have not embraced love for the Celestial Lord;	ਜੇ ਮਨ ਵਿਚ (ਹਰੀ ਦੀ ਹੋਂਦ) ਪ੍ਰਤੀਤ ਨਾ ਆਈ, ਤੇ ਅਡੋਲਤਾ ਵਿਚ ਪਿਆਰ ਨਾ ਲੱਗਾ,

24322	549	ਸਬਦੈ ਸਾਦੁ ਨ ਪਾਇਓ ਮਨ ਹਠਿ ਕਿਆ ਗੁਣ ਗਾਇ॥		Sabadhai Saadh N Paaeiou Manehath Kiaa Gun Gaae ||	You do not enjoy the sublime taste of the Word of the Shabad - what Praises of the Lord will you stubborn-mindedly sing?	ਜੇ ਸ਼ਬਦ ਦਾ ਰਸ ਨਾ ਲੱਭਾ, ਤਾਂ ਮਨ ਦੇ ਹਠ ਨਾਲ ਸਿਫ਼ਤ-ਸਾਲਾਹ ਕਰਨ ਦਾ ਕੀਹ ਲਾਭ?
24323	549	ਨਾਨਕ ਆਇਆ ਸੋ ਪਰਵਾਣੁ ਹੈ ਜਿ ਗੁਰਮੁਖਿ ਸਚਿ ਸਮਾਇ॥੧॥		Naanak Aaeiaa So Paravaan Hai J Guramukh Sach Samaae ||1||	O Nanak, his coming alone is approved, who, as Gurmukh, merges into the True Lord. ||1||	ਹੇ ਨਾਨਕ! (ਸੰਸਾਰ ਵਿਚ) ਜੰਮਿਆ ਉਹ ਜੀਵ ਮੁਬਾਰਿਕ ਹੈ ਜੋ ਸਤਿਗੁਰੂ ਦੇ ਸਨਮੁਖ ਰਹਿ ਕੇ ਸੱਚ ਵਿਚ ਲੀਨ ਹੋ ਜਾਏ ॥੧॥
24324	549	ਮਃ ੩॥		Ma 3 ||	Third Mehl:	
24325	549	ਆਪਣਾ ਆਪੁ ਨ ਪਛਾਣੈ ਮੂੜਾ ਅਵਰਾ ਆਖਿ ਦੁਖਾਏ॥		Aapanaa Aap N Pashhaanai Moorraa Avaraa Aakh Dhukhaaeae ||	The fool does not understand his own self; he annoys others with his speech.	ਮੂਰਖ ਮਨੁੱਖ ਆਪਣੇ ਆਪ ਦੀ ਪਛਾਣ ਨਹੀਂ ਕਰਦਾ ਤੇ ਹੋਰਨਾਂ ਨੂੰ ਆਖ ਕੇ ਦੁਖਾਉਂਦਾ ਹੈ।
24326	549	ਮੁੰਢੈ ਦੀ ਖਸਲਤਿ ਨ ਗਈਆ ਅੰਧੇ ਵਿਛੁੜਿ ਚੋਟਾ ਖਾਏ॥	(ਮੁੰਢੈ) ਮੁੱਢਲੀ। (ਖਸ-ਲਤਿ) ਆਦਤ।ਖਸਲਤਿ:ਪੋਲਾ ਬੋਲੋ	Mundtai Dhee Khasalath N Geeaa Andhhae Vishhurr Chottaa Khaaeae ||	His underlying nature does not leave him; separated from the Lord, he suffers cruel blows.	(ਆਤਮਿਕਤਾ ਤੋਂ) ਅੰਨ੍ਹੇ ਦੀ ਮੁੱਢ ਦੀ (ਦੂਜਿਆਂ ਨੂੰ ਦੁਖਾਉਣ ਦੀ) ਵਾਦੀ ਦੂਰ ਨਹੀਂ ਹੁੰਦੀ, ਤੇ (ਹਰੀ ਤੋਂ) ਵਿਛੁੱੜ ਕੇ ਦੁਖ ਸਹਿੰਦਾ ਹੈ।

24327	549	ਸਤਿਗੁਰ ਕੈ ਭੈ ਭੰਨਿ ਨ ਘੜਿਓ ਰਹੈ ਅੰਕਿ ਸਮਾਏ॥		Sathigur Kai Bhai Bhann N Gharriou Rehai Ank Samaaeae ||	Through the fear of the True Guru, he has not changed and reformed himself, so that he might merge in the lap of God.	(ਮਨੁੱਖ) ਸਤਿਗੁਰੂ ਦੇ ਡਰ ਵਿਚ ਰਹਿ ਕੇ ਮਨ (ਦੇ ਪਿਛਲੇ ਮੰਦੇ ਸੰਸਕਾਰਾਂ) ਨੂੰ ਭੰਨ ਕੇ (ਨਵੇਂ ਸਿਰੇ ਸਿਮਰਨ ਵਾਲੇ ਸੰਸਕਾਰ) ਨਹੀਂ ਘੜਦਾ ਤਾਂ ਜੋ (ਪ੍ਰਭੂ ਦੀ) ਗੋਦੀ ਵਿਚ ਸਮਾਇਆ ਰਹੇ।
24328	550	ਅਨ ਦਿਨੁ ਸਹਸਾ ਕਦੇ ਨ ਚੂਕੈ ਬਿਨੁ ਸਬਦੈ ਦੁਖੁ ਪਾਏ॥		Anadhin Sehasaa Kadhae N Chookai Bin Sabadhai Dhukh Paaeae ||	Night and day, his doubts never stop; without the Word of the Shabad, he suffers in pain.	ਹਰ ਰੋਜ਼ ਕਿਸੇ ਵੇਲੇ ਭੀ ਉਸਦੀ ਚਿੰਤਾ ਦੂਰ ਨਹੀਂ ਹੁੰਦੀ, ਸ਼ਬਦ (ਦਾ ਆਸਰਾ ਲੈਣ ਤੋਂ) ਬਿਨਾ ਦੁੱਖ ਪਾਉਂਦਾ ਹੈ।
24329	550	ਕਾਮੁ ਕ੍ਰੋਧੁ ਲੋਭੁ ਅੰਤਰਿ ਸਬਲਾ ਨਿਤ ਧੰਧਾ ਕਰਤ ਵਿਹਾਏ॥	(ਸਬਲਾ) ਬਲਵਾਨ। ਸਬਲਾ:ਪੋਲਾ ਬੋਲੋ	Kaam Krodhh Lobh Anthar Sabalaa Nith Dhhandhhaa Karath Vihaaeae ||	Sexual desire, anger and greed are so powerful within him; he passes his life constantly entangled in worldly affairs.	ਮੂਰਖ ਦੇ ਹਿਰਦੇ ਵਿਚ ਕਾਮ, ਕ੍ਰੋਧ ਤੇ ਲੋਭ ਜ਼ੋਰਾਂ ਵਿਚ ਹੈ, ਤੇ ਸਦਾ ਧੰਧੇ ਕਰਦਿਆਂ ਉਮਰ ਗੁਜ਼ਰਦੀ ਹੈ।
24330	550	ਚਰਣ ਕਰ ਦੇਖਤ ਸੁਣਿ ਥਕੇ ਦਿਹ ਮੁਕੇ ਨੇੜੈ ਆਏ॥	ਮੁੱਕੇ	Charan Kar Dhaekhath Sun Thhakae Dhih Mukae Naerrai Aaeae ||	His feet, hands, eyes and ears are exhausted; his days are numbered, and his death is immanent.	ਪੈਰ, ਹੱਥ, (ਅੱਖੀਆਂ) ਵੇਖ ਵੇਖ ਕੇ ਤੇ (ਕੰਨ) ਸੁਣ ਸੁਣ ਕੇ ਥੱਕ ਗਏ ਹਨ, (ਉਮਰ ਦੇ) ਦਿਨ ਮੁੱਕ ਗਏ ਹਨ (ਮਰਨ ਵੇਲਾ ਨੇੜੇ ਆ ਜਾਂਦਾ ਹੈ)।

24331	550	ਸਚਾ ਨਾਮੁ ਨ ਲਗੋ ਮੀਠਾ ਜਿਤੁ ਨਾਮਿ ਨਵ ਨਿਧਿ ਪਾਏ॥		Sachaa Naam N Lago Meethaa Jith Naam Nav Nidhh Paaeae ||	The True Name does not seem sweet to him - the Name by which the nine treasures are obtained.	ਜਿਸ ਨਾਮ ਦੀ ਰਾਹੀਂ ਨੈ ਨਿਧੀਆਂ ਲੱਭ ਪੈਣ ਉਹ ਸੱਚਾ ਨਾਮ (ਮੂਰਖ ਨੂੰ) ਪਿਆਰਾ ਨਹੀਂ ਲੱਗਦਾ।
24332	550	ਜੀਵਤੁ ਮਰੈ ਮਰੈ ਫੁਨਿ ਜੀਵੈ ਤਾਂ ਮੋਖੰਤਰੁ ਪਾਏ॥		Jeevath Marai Marai Fun Jeevai Thaan Mokhanthar Paaeae ||	But if he remains dead while yet alive, then by so dying, he truly lives; thus, he attains liberation.	ਜੇ ਜਿਉਂਦਾ ਹੋਇਆ (ਸੰਸਾਰ ਵਲੋਂ) ਮੁਰਦਾ ਹੋ ਜਾਵੇ (ਇਸ ਤਰ੍ਹਾਂ) ਮਰ ਕੇ ਫੇਰ (ਹਰੀ ਦੀ ਯਾਦ ਵਿਚ) ਸੁਰਜੀਤ ਹੋਵੇ, ਤਾਂ ਹੀ ਮੁਕਤੀ ਦਾ ਭੇਤ ਲੱਭਦਾ ਹੈ।
24333	550	ਧੁਰਿ ਕਰਮੁ ਨ ਪਾਇਓ ਪਰਾਣੀ ਵਿਣੁ ਕਰਮਾ ਕਿਆ ਪਾਏ॥		Dhhur Karam N Paaeiou Paraanee Vin Karamaa Kiaa Paaeae ||	But if he is not blessed with such pre-ordained karma, then without this karma, what can he obtain?	ਪਰ ਜਿਸ ਮਨੁੱਖ ਨੂੰ ਧੁਰੋਂ ਪਰਮਾਤਮਾ ਦੀ ਬਖ਼ਸ਼ਸ਼ ਨਸੀਬ ਨਾਹ ਹੋਈ, ਉਹ (ਪਿਛਲੇ ਚੰਗੇ ਸੰਸਕਾਰਾਂ ਵਾਲੇ) ਕੰਮਾਂ ਤੋਂ ਬਿਨਾ (ਹੁਣ ਬੰਦਗੀ ਵਾਲੇ ਸੰਸਕਾਰ) ਕਿਥੋਂ ਲਭੇ?
24334	550	ਗੁਰ ਕਾ ਸਬਦੁ ਸਮਾਲਿ ਤੂ ਮੂੜੇ ਗਤਿ ਮਤਿ ਸਬਦੇ ਪਾਏ॥		Gur Kaa Sabadh Samaal Thoo Moorrae Gath Math Sabadhae Paaeae ||	Meditate in remembrance on the Word of the Guru's Shabad, you fool; through the Shabad, you shall obtain salvation and wisdom.	ਹੇ ਮੂਰਖ! ਸਤਿਗੁਰੂ ਦੇ ਸ਼ਬਦ ਨੂੰ (ਹਿਰਦੇ ਵਿਚ) ਸਾਂਭ, (ਕਿਉਂਕਿ) ਉੱਚੀ ਆਤਮਕ ਅਵਸਥਾ ਤੇ ਭਲੀ ਮਤ ਸ਼ਬਦ ਤੋਂ ਹੀ ਮਿਲਦੀ ਹੈ।

24335	550	ਨਾਨਕ ਸਤਿਗੁਰੁ ਤਦ ਹੀ ਪਾਏ ਜਾਂ ਵਿਚਹੁ ਆਪੁ ਗਵਾਏ॥੨॥		Naanak Sathigur Thadh Hee Paaeae Jaan Vichahu Aap Gavaaeae ||2||	O Nanak, he alone finds the True Guru, who eliminates self-conceit from within. ||2||	ਹੇ ਨਾਨਕ! ਸਤਿਗੁਰੂ ਭੀ ਤਦੋਂ ਹੀ ਮਿਲਦਾ ਹੈ ਜਦੋਂ ਮਨੁੱਖ ਹਿਰਦੇ ਵਿਚੋਂ ਅਹੰਕਾਰ ਦੂਰ ਕਰਦਾ ਹੈ ॥੨॥
24336	550	ਪਉੜੀ॥	ਗੱਲੈਂ	Pourree ||	Pauree:	
24337	550	ਜਿਸ ਦੈ ਚਿਤਿ ਵਸਿਆ ਮੇਰਾ ਸੁਆਮੀ ਤਿਸ ਨੋ ਕਿਉ ਅੰਦੇਸਾ ਕਿਸੈ ਗਲੈ ਦਾ ਲੋੜੀਐ॥		Jis Dhai Chith Vasiaa Maeraa Suaamee This No Kio Andhaesaa Kisai Galai Dhaa Lorreeai ||	One whose consciousness is filled with my Lord Master - why should he feel anxious about anything?	ਜਿਸ ਮਨੁੱਖ ਦੇ ਹਿਰਦੇ ਵਿਚ ਪਿਆਰਾ ਪ੍ਰਭੂ ਨਿਵਾਸ ਕਰੇ, ਉਸ ਨੂੰ ਕਿਸੇ ਗੱਲ ਦੀ ਚਿੰਤਾ ਨਹੀਂ ਰਹਿ ਜਾਂਦੀ।
24338	550	ਹਰਿ ਸੁਖਦਾਤਾ ਸਭਨਾ ਗਲਾ ਕਾ ਤਿਸ ਨੋ ਧਿਆਇਦਿਆ ਕਿਵ ਨਿਮਖ ਘੜੀ ਮੁਹੁ ਮੋੜੀਐ॥	ਗੱਲਾਂ	Har Sukhadhaathaa Sabhanaa Galaa Kaa This No Dhhiaaeidhiaa Kiv Nimakh Gharree Muhu Morreeai ||	The Lord is the Giver of Peace, the Lord of all things; why would we turn our faces away from His meditation, even for a moment, or an instant?	ਪ੍ਰਭੂ ਹਰ ਕਿਸਮ ਦਾ ਸੁਖ ਦੇਣ ਵਾਲਾ ਹੈ, ਉਸ ਦਾ ਸਿਮਰਨ ਕਰਨ ਤੋਂ ਇਕ ਖਿਨ ਭਰ ਭੀ ਨਹੀਂ ਹਟਣਾ ਚਾਹੀਦਾ।

24339	550	ਜਿਨਿ ਹਰਿ ਧਿਆਇਆ ਤਿਸ ਨੋ ਸਰਬ ਕਲਿਆਣ ਹੋਏ ਨਿਤ ਸੰਤ ਜਨਾ ਕੀ ਸੰਗਤਿ ਜਾਇ ਬਹੀਐ ਮੁਹੁ ਜੋੜੀਐ॥		Jin Har Dhhiaaeiaa This No Sarab Kaliaan Hoeae Nith Santh Janaa Kee Sangath Jaae Beheeai Muhu Jorreeai ||	One who meditates on the Lord obtains all pleasures and comforts; let us go each and every day, to sit in the Saints' Society.	ਜਿਸ ਮਨੁੱਖ ਨੇ ਹਰੀ ਨੂੰ ਸਿਮਰਿਆ ਹੈ, ਉਸ ਨੂੰ ਸਾਰੇ ਸੁਖ ਪ੍ਰਾਪਤ ਹੁੰਦੇ ਹਨ, (ਇਸ ਵਾਸਤੇ) ਸਦਾ ਸਾਧ ਸੰਗਤ ਵਿਚ ਜਾ ਕੇ ਬੈਠਣਾ ਚਾਹੀਦਾ ਹੈ ਤੇ (ਪ੍ਰਭੂ ਦੇ ਗੁਣਾਂ ਬਾਰੇ) ਵਿਚਾਰ ਕਰਨੀ ਚਾਹੀਦੀ ਹੈ।
24340	550	ਸਭਿ ਦੁਖ ਭੁਖ ਰੋਗ ਗਏ ਹਰਿ ਸੇਵਕ ਕੇ ਸਭਿ ਜਨ ਕੇ ਬੰਧਨ ਤੋੜੀਐ॥		Sabh Dhukh Bhukh Rog Geae Har Saevak Kae Sabh Jan Kae Bandhhan Thorreeai ||	All the pain, hunger, and disease of the Lord's servant are eradicated; the bonds of the humble beings are torn away.	ਹਰੀ ਦੇ ਭਗਤ ਦੇ ਸਾਰੇ ਕਲੇਸ਼ ਭੁੱਖਾਂ ਤੇ ਰੋਗ ਦੂਰ ਹੋ ਜਾਂਦੇ ਹਨ, ਤੇ ਸਾਰੇ ਬੰਧਨ ਟੁੱਟ ਜਾਂਦੇ ਹਨ।
24341	550	ਹਰਿ ਕਿਰਪਾ ਤੇ ਹੋਆ ਹਰਿ ਭਗਤੁ ਹਰਿ ਭਗਤ ਜਨਾ ਕੈ ਮੁਹਿ ਡਿਠੈ ਜਗਤੁ ਤਰਿਆ ਸਭੁ ਲੋੜੀਐ॥੪॥	ਜੱਗਤੁ	Har Kirapaa Thae Hoaa Har Bhagath Har Bhagath Janaa Kai Muhi Ddithai Jagath Thariaa Sabh Lorreeai ||4||	By the Lord's Grace, one becomes the Lord's devotee; beholding the face of the Lord's humble devotee, the whole world is saved and carried across. ||4||	ਹਰੀ ਦਾ ਭਗਤ ਹਰੀ ਦੀ ਆਪਣੀ ਕਿਰਪਾ ਨਾਲ ਬਣਦਾ ਹੈ ਤੇ ਹਰੀ ਦੇ ਭਗਤਾਂ ਦਾ ਦਰਸ਼ਨ ਕਰ ਕੇ (ਭਾਵ, ਉਹਨਾਂ ਦੀ ਸੰਗਤ ਵਿਚ ਰਹਿ ਕੇ) ਸਾਰਾ ਸੰਸਾਰ ਤਰ ਸਕਦਾ ਹੈ ॥੪॥

24342	550	ਸਲੋਕ ਮਃ ੩॥		Salok Ma 3 ||	Shalok, Third Mehl:	
24343	550	ਸਾ ਰਸਨਾ ਜਲਿ ਜਾਉ ਜਿਨਿ ਹਰਿ ਕਾ ਸੁਆਉ ਨ ਪਾਇਆ॥		Saa Rasanaa Jal Jaao Jin Har Kaa Suaao N Paaeiaa ||	Let that tongue, which has not tasted the Name of the Lord, be burnt.	ਜਿਸ ਜੀਭ ਨੇ ਹਰੀ (ਦੇ ਨਾਮ) ਦਾ ਸੁਆਦ ਨਹੀਂ ਚੱਖਿਆ, ਉਹ ਜੀਭ ਸੜ ਜਾਏ (ਭਾਵ, ਉਹ ਜੀਭ ਕਿਸੇ ਕੰਮ ਦੀ ਨਹੀਂ)।
24344	550	ਨਾਨਕ ਰਸਨਾ ਸਬਦਿ ਰਸਾਇ ਜਿਨਿ ਹਰਿ ਹਰਿ ਮੰਨਿ ਵਸਾਇਆ॥੧॥		Naanak Rasanaa Sabadh Rasaae Jin Har Har Mann Vasaaeiaa ||1||	O Nanak, one whose mind is filled with the Name of the Lord, Har, Har - his tongue savors the Word of the Shabad. ||1||	ਹੇ ਨਾਨਕ! ਉਹ ਜੀਭ ਗੁਰੂ ਦੇ ਸ਼ਬਦ ਵਿਚ ਰਸ ਜਾਂਦੀ ਹੈ ਜਿਸ (ਜੀਭ) ਨੇ ਪਰਮਾਤਮਾ ਮਨ ਵਿਚ ਵਸਾਇਆ ਹੈ ॥੧॥
24345	550	ਮਃ ੩॥		Ma 3 ||	Third Mehl:	
24346	550	ਸਾ ਰਸਨਾ ਜਲਿ ਜਾਉ ਜਿਨਿ ਹਰਿ ਕਾ ਨਾਉ ਵਿਸਾਰਿਆ॥		Saa Rasanaa Jal Jaao Jin Har Kaa Naao Visaariaa ||	Let that tongue, which has forgotten the Name of the Lord, be burnt.	ਜਿਸ ਜੀਭ ਨੇ ਹਰੀ ਦਾ ਨਾਮ ਵਿਸਾਰਿਆ ਹੈ, ਉਹ ਜੀਭ ਸੜ ਜਾਏ।
24347	550	ਨਾਨਕ ਗੁਰਮੁਖਿ ਰਸਨਾ ਹਰਿ ਜਪੈ ਹਰਿ ਕੈ ਨਾਇ ਪਿਆਰਿਆ॥੨॥		Naanak Guramukh Rasanaa Har Japai Har Kai Naae Piaariaa ||2||	O Nanak, the tongue of the Gurmukh chants the Lord's Name, and loves the Name of the Lord. ||2||	ਹੇ ਨਾਨਕ! ਸਤਿਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦੀ ਜੀਭ ਹਰੀ ਦਾ ਨਾਮ ਜਪਦੀ ਹੈ ਹਰੀ ਦੇ ਨਾਮ ਵਿਚ ਪਿਆਰ ਕਰਦੀ ਹੈ ॥੨॥

24348	550	ਪਉੜੀ॥		Pourree ||	Pauree:	
24349	550	ਹਰਿ ਆਪੇ ਠਾਕੁਰੁ ਸੇਵਕੁ ਭਗਤੁ ਹਰਿ ਆਪੇ ਕਰੇ ਕਰਾਏ॥		Har Aapae Thaakur Saevak Bhagath Har Aapae Karae Karaaeae ||	The Lord Himself is the Master, the servant and the devotee; the Lord Himself is the Cause of causes.	ਪ੍ਰਭੂ ਆਪ ਹੀ ਠਾਕੁਰ ਆਪ ਹੀ ਸੇਵਕ ਤੇ ਭਗਤ ਹੈ, ਆਪੇ ਕਰਦਾ ਹੈ ਤੇ ਆਪ (ਜੀਵਾਂ ਪਾਸੋਂ) ਕਰਾਉਂਦਾ ਹੈ।
24350	550	ਹਰਿ ਆਪੇ ਵੇਖੈ ਵਿਗਸੈ ਆਪੇ ਜਿਤੁ ਭਾਵੈ ਤਿਤੁ ਲਾਏ॥		Har Aapae Vaekhai Vigasai Aapae Jith Bhaavai Thith Laaeae ||	The Lord Himself beholds, and He Himself rejoices. As He wills, so does He enjoin us.	ਆਪ ਹੀ ਵੇਖਦਾ ਹੈ, ਆਪ ਹੀ ਪ੍ਰਸੰਨ ਹੁੰਦਾ ਹੈ, ਜਿਧਰ ਚਾਹੁੰਦਾ ਹੈ ਓਧਰ (ਜੀਵਾਂ ਨੂੰ) ਲਾਉਂਦਾ ਹੈ।
24351	550	ਹਰਿ ਇਕਨਾ ਮਾਰਗਿ ਪਾਏ ਆਪੇ ਹਰਿ ਇਕਨਾ ਉਝੜਿ ਪਾਏ॥	ਉੱਝੜਿ	Har Eikanaa Maarag Paaeae Aapae Har Eikanaa Oujharr Paaeae ||	The Lord places some on the Path, and the Lord leads others into the wilderness.	ਇਕਨਾ ਨੂੰ ਆਪ ਹੀ ਸਿੱਧੇ ਰਸਤੇ ਪਾਉਂਦਾ ਹੈ ਤੇ ਇਕਨਾ ਨੂੰ ਆਪ ਹੀ ਕੁਰਾਹੇ ਪਾ ਦੇਂਦਾ ਹੈ।
24352	550	ਹਰਿ ਸਚਾ ਸਾਹਿਬੁ ਸਚੁ ਤਪਾਵਸੁ ਕਰਿ ਵੇਖੈ ਚਲਤ ਸਬਾਏ॥	(ਤਪਾਵਸੁ) ਨਿਆਂ	Har Sachaa Saahib Sach Thapaavas Kar Vaekhai Chalath Sabaaeae ||	The Lord is the True Master; True is His justice. He arranges and beholds all His plays.	ਹਰੀ ਸੱਚਾ ਮਾਲਕ ਹੈ, ਉਸ ਦਾ ਨਿਆਂ ਭੀ ਅਭੁੱਲ ਹੈ, ਉਹ ਆਪ ਹੀ ਸਾਰੇ ਤਮਾਸ਼ੇ ਕਰ ਕੇ ਵੇਖ ਰਿਹਾ ਹੈ।

24353	550	ਗੁਰ ਪਰਸਾਦਿ ਕਹੈ ਜਨੁ ਨਾਨਕੁ ਹਰਿ ਸਚੇ ਕੇ ਗੁਣ ਗਾਏ॥੫॥		Gur Parasaadh Kehai Jan Naanak Har Sachae Kae Gun Gaaeae ||5||	By Guru's Grace, servant Nanak speaks and sings the Glorious Praises of the True Lord. ||5||	ਦਾਸ ਨਾਨਕ ਆਖਦਾ ਹੈ ਕਿ ਸਤਿਗੁਰੂ ਦੀ ਮੇਹਰ ਨਾਲ (ਹੀ ਮਨੁੱਖ ਐਸੇ) ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਗੁਣ ਗਾਉਂਦਾ ਹੈ ॥੫॥
24354	550	ਸਲੋਕ ਮਃ ੩॥		Salok Ma 3 ||	Shalok, Third Mehl:	
24355	550	ਦਰਵੇਸੀ ਕੋ ਜਾਣਸੀ ਵਿਰਲਾ ਕੋ ਦਰਵੇਸੁ॥		Dharavaesee Ko Jaanasee Viralaa Ko Dharavaes ||	How rare is the dervish, the Saintly renunciate, who understands renunciation.	ਕੋਈ ਵਿਰਲਾ ਫ਼ਕੀਰ ਫ਼ਕੀਰੀ (ਦੇ ਆਦਰਸ਼) ਨੂੰ ਸਮਝਦਾ ਹੈ,
24356	550	ਜੇ ਘਰਿ ਘਰਿ ਹੰਢੈ ਮੰਗਦਾ ਧਿਗੁ ਜੀਵਣੁ ਧਿਗੁ ਵੇਸੁ॥		Jae Ghar Ghar Handtai Mangadhaa Dhhig Jeevan Dhhig Vaes ||	Cursed is the life, and cursed are the clothes, of one who wanders around, begging from door to door.	(ਫ਼ਕੀਰ ਹੋ ਕੇ) ਜੇ ਘਰ ਘਰ ਮੰਗਦਾ ਫਿਰੇ, ਤਾਂ ਉਹਦੇ ਜੀਊਣ ਨੂੰ ਫਿਟਕਾਰ ਹੈ ਤੇ ਉਸ ਦੇ (ਫ਼ਕੀਰੀ-) ਜਾਮੇ ਨੂੰ ਫਿਟਕਾਰ ਹੈ।
24357	550	ਜੇ ਆਸਾ ਅੰਦੇਸਾ ਤਜਿ ਰਹੈ ਗੁਰਮੁਖਿ ਭਿਖਿਆ ਨਾਉ॥	ਭਿੱਖਿਆ	Jae Aasaa Andhaesaa Thaj Rehai Guramukh Bhikhiaa Naao ||	But, if he abandons hope and anxiety, and as Gurmukh receives the Name as his charity,	ਜੇ (ਦਰਵੇਸ਼ ਹੋ ਕੇ) ਆਸਾ ਤੇ ਚਿੰਤਾ ਨੂੰ ਛੱਡ ਦੇਵੇ ਤੇ ਸਤਿਗੁਰੂ ਦੇ ਸਨਮੁਖ ਰਹਿ ਕੇ ਨਾਮ ਦੀ ਭਿਖਿਆ ਮੰਗੇ,

24358	550	ਤਿਸ ਕੇ ਚਰਨ ਪਖਾਲੀਅਹਿ ਨਾਨਕ ਹਉ ਬਲਿਹਾਰੈ ਜਾਉ॥੧॥	ਪਖਾਲੀ-ਅਹਿ	This Kae Charan Pakhaaleeahi Naanak Ho Balihaarai Jaao ||1||	Then Nanak washes his feet, and is a sacrifice to him. ||1||	ਤਾਂ, ਹੇ ਨਾਨਕ! ਮੈਂ ਉਸ ਤੋਂ ਸਦਕੇ ਹਾਂ, ਉਸ ਦੇ ਚਰਨ ਧੋਣੇ ਚਾਹੀਦੇ ਹਨ ॥੧॥
24359	550	ਮਃ ੩॥		Ma 3 ||	Third Mehl:	
24360	550	ਨਾਨਕ ਤਰਵਰੁ ਏਕੁ ਫਲੁ ਦੁਇ ਪੰਖੇਰੂ ਆਹਿ॥		Naanak Tharavar Eaek Fal Dhue Pankhaeroo Aahi ||	O Nanak, the tree has one fruit, but two birds are perched upon it.	ਹੇ ਨਾਨਕ! (ਸੰਸਾਰ ਰੂਪ) ਰੁੱਖ (ਹੈ, ਇਸ) ਨੂੰ (ਮਾਇਆ ਦਾ ਮੋਹ ਰੂਪ) ਇਕ ਫਲ (ਲੱਗਾ ਹੋਇਆ ਹੈ), (ਉਸ ਰੁੱਖ ਉਤੇ) ਦੋ (ਕਿਸਮ ਦੇ, ਗੁਰਮੁਖ ਤੇ ਮਨਮੁਖ) ਪੰਛੀ ਹਨ,
24361	550	ਆਵਤ ਜਾਤ ਨ ਦੀਸਹੀ ਨਾ ਪਰ ਪੰਖੀ ਤਾਹਿ॥		Aavath Jaath N Dheesehee Naa Par Pankhee Thaahi ||	They are not seen coming or going; these birds have no wings.	ਉਹਨਾਂ ਪੰਛੀਆਂ ਨੂੰ ਖੰਭ ਨਹੀਂ ਹਨ ਤੇ ਉਹ ਆਉਂਦੇ ਜਾਂਦੇ ਦਿੱਸਦੇ ਨਹੀਂ, (ਭਾਵ, ਇਹ ਨਹੀਂ ਪਤਾ ਲੱਗਦਾ ਕਿ ਇਹ ਜੀਵ-ਪੰਛੀ ਕਿਧਰੋਂ ਆਉਂਦੇ ਹਨ ਤੇ ਕਿਧਰ ਚਲੇ ਜਾਂਦੇ ਹਨ)
24362	550	ਬਹੁ ਰੰਗੀ ਰਸ ਭੋਗਿਆ ਸਬਦਿ ਰਹੈ ਨਿਰਬਾਣੁ॥		Bahu Rangee Ras Bhogiaa Sabadh Rehai Nirabaan ||	One enjoys so many pleasures, while the other, through the Word of the Shabad, remains in Nirvaanaa.	ਬਹੁਤੇ ਰੰਗਾਂ (ਵਿਚ ਸੁਆਦ ਲੈਣ) ਵਾਲੇ ਨੇ ਰਸਾਂ ਨੂੰ ਚੱਖਿਆ ਹੈ ਤੇ ਨਿਰ-ਚਾਹ (ਪੰਛੀ) ਸ਼ਬਦ ਵਿਚ (ਲੀਨ) ਰਹਿੰਦਾ ਹੈ।

24363	550	ਹਰਿ ਰਸਿ ਫਲਿ ਰਾਤੇ ਨਾਨਕਾ ਕਰਮਿ ਸਚਾ ਨੀਸਾਣੁ॥੨॥		Har Ras Fal Raathae Naanakaa Karam Sachaa Neesaan ||2||	Imbued with the subtle essence of the fruit of the Lord's Name, O Nanak, the soul bears the True Insignia of God's Grace. ||2||	ਹੇ ਨਾਨਕ! ਹਰੀ ਦੀ ਕਿਰਪਾ ਨਾਲ (ਜਿਨ੍ਹਾਂ ਦੇ ਮੱਥੇ ਤੇ) ਸੱਚਾ ਟਿੱਕਾ ਹੈ, ਉਹ ਨਾਮ ਦੇ ਰਸ (ਰੂਪ) ਫਲ (ਦੇ ਸੁਆਦ) ਵਿਚ ਮਸਤ ਹਨ ॥੨॥
24364	550	ਪਉੜੀ॥		Pourree ||	Pauree:	
24365	550	ਆਪੇ ਧਰਤੀ ਆਪੇ ਹੈ ਰਾਹਕੁ ਆਪਿ ਜੰਮਾਇ ਪੀਸਾਵੈ॥		Aapae Dhharathee Aapae Hai Raahak Aap Janmaae Peesaavai ||	He Himself is the field, and He Himself is the farmer. He Himself grows and grinds the corn.	ਪ੍ਰਭੂ ਆਪ ਹੀ ਭੁਇਂ ਹੈ ਆਪ ਹੀ ਉਸ ਦਾ ਵਾਹੁਣ ਵਾਲਾ ਹੈ, ਆਪ ਹੀ (ਅੰਨ) ਉਗਾਉਂਦਾ ਹੈ ਤੇ ਆਪ ਹੀ ਪਿਹਾਉਂਦਾ ਹੈ,
24366	550	ਆਪਿ ਪਕਾਵੈ ਆਪਿ ਭਾਂਡੇ ਦੇਇ ਪਰੋਸੈ ਆਪੇ ਹੀ ਬਹਿ ਖਾਵੈ॥	ਦੇਇ	Aap Pakaavai Aap Bhaanddae Dhaee Parosai Aapae Hee Behi Khaavai ||	He Himself cooks it, He Himself puts the food in the dishes, and He Himself sits down to eat.	ਆਪੇ ਹੀ ਪਕਾਉਂਦਾ ਹੈ ਤੇ ਆਪ ਹੀ ਭਾਂਡੇ ਦੇ ਕੇ ਵਰਤਾਉਂਦਾ ਹੈ ਤੇ ਆਪ ਹੀ ਬਹਿ ਕੇ ਖਾਂਦਾ ਹੈ।
24367	551	ਆਪੇ ਜਲੁ ਆਪੇ ਦੇ ਛਿੰਗਾ ਆਪੇ ਚੁਲੀ ਭਰਾਵੈ॥		Aapae Jal Aapae Dhae Shhingaa Aapae Chulee Bharaavai ||	He Himself is the water, He Himself gives the tooth-pick, and He Himself offers the mouthwash.	ਆਪ ਹੀ ਜਲ ਦਿੰਦਾ ਹੈ ਤੇ ਛਿੰਗਾ ਭੀ ਆਪ ਦੇਂਦਾ ਹੈ ਤੇ ਆਪ ਹੀ ਚੁਲੀ ਕਰਾਉਂਦਾ ਹੈ।

24368	551	ਆਪੇ ਸੰਗਤਿ ਸਦਿ ਬਹਾਲੈ ਆਪੇ ਵਿਦਾ ਕਰਾਵੈ॥	ਸੱਦਿ	Aapae Sangath Sadh Behaalai Aapae Vidhaa Karaavai ||	He Himself calls and seats the congregation, and He Himself bids them goodbye.	ਹਰੀ ਆਪ ਹੀ ਸੰਗਤਿ ਨੂੰ ਸੱਦ ਕੇ ਬਿਠਾਉਂਦਾ ਹੈ ਤੇ ਆਪ ਹੀ ਵਿਦਾ ਕਰਦਾ ਹੈ।
24369	551	ਜਿਸ ਨੋ ਕਿਰਪਾਲੁ ਹੋਵੈ ਹਰਿ ਆਪੇ ਤਿਸ ਨੋ ਹੁਕਮੁ ਮਨਾਵੈ॥੬॥		Jis No Kirapaal Hovai Har Aapae This No Hukam Manaavai ||6||	One whom the Lord Himself blesses with His Mercy - the Lord causes him to walk according to His Will. ||6||	ਜਿਸ ਉਤੇ ਪ੍ਰਭੂ ਆਪ ਦਇਆਲ ਹੁੰਦਾ ਹੈ ਉਸ ਨੂੰ ਆਪਣੀ ਰਜ਼ਾ (ਮਿੱਠੀ ਕਰ ਕੇ) ਮਨਾਂਦਾ ਹੈ ॥੬॥
24370	551	ਸਲੋਕ ਮਃ ੩॥		Salok Ma 3 ||	Shalok, Third Mehl:	
24371	551	ਕਰਮ ਧਰਮ ਸਭਿ ਬੰਧਨਾ ਪਾਪ ਪੁੰਨ ਸਨਬੰਧੁ॥		Karam Dhharam Sabh Bandhhanaa Paap Punn Sanabandhh ||	Rituals and religions are all just entanglements; bad and good are bound up with them.	(ਕਰਮ ਕਾਂਡ ਦੇ) ਕਰਮ ਤੇ ਧਰਮ ਸਾਰੇ ਬੰਧਨ (ਰੂਪ) ਹੀ ਹਨ ਅਤੇ ਚੰਗੇ ਜਾਂ ਮੰਦੇ ਕੰਮ ਭੀ (ਸੰਸਾਰ/ਮਾਇਆ ਨਾਲ ਮੋਹ) ਜੋੜੀ ਰੱਖਣ ਦਾ ਵਸੀਲਾ ਹਨ।
24372	551	ਮਮਤਾ ਮੋਹੁ ਸੁ ਬੰਧਨਾ ਪੁਤ੍ਰ ਕਲਤ੍ਰ ਸੁ ਧੰਧੁ॥	ਕ-ਲੱਤ੍ਰ	Mamathaa Mohu S Bandhhanaa Puthr Kalathr S Dhhandhh ||	Those things done for the sake of children and spouse, in ego and attachment, are just more bonds.	ਮਮਤਾ ਤੇ ਮੋਹ ਭੀ ਬੰਧਨ-ਰੂਪ ਹੈ, ਪੁੱਤ੍ਰ ਤੇ ਇਸਤ੍ਰੀ-(ਇਹਨਾਂ ਦਾ ਪਿਆਰ ਭੀ) ਕਸ਼ਟ ਦਾ ਕਾਰਨ ਹੈ,

24373	551	ਜਹ ਦੇਖਾ ਤਹ ਜੇਵਰੀ ਮਾਇਆ ਕਾ ਸਨਬੰਧੁ॥		Jeh Dhaekhaa Theh Jaevaree Maaeiaa Kaa Sanabandhh ||	Wherever I look, there I see the noose of attachment to Maya.	ਜਿੱਧਰ ਵੇਖਦਾ ਹਾਂ ਉਧਰ ਹੀ ਮਾਇਆ ਦਾ ਮੋਹ (ਰੂਪ) ਜੇਵੜੀ ਹੈ।
24374	551	ਨਾਨਕ ਸਚੇ ਨਾਮ ਬਿਨੁ ਵਰਤਣਿ ਵਰਤੈ ਅੰਧੁ॥੧॥		Naanak Sachae Naam Bin Varathan Varathai Andhh ||1||	O Nanak, without the True Name, the world is engrossed in blind entanglements. ||1||	ਹੇ ਨਾਨਕ! ਸੱਚੇ ਨਾਮ ਤੋਂ ਬਿਨਾ ਅੰਨ੍ਹਾ ਮਨੁੱਖ (ਮਾਇਆ ਦੀ) ਵਰਤੋਂ ਹੀ ਵਰਤਦਾ ਹੈ ॥੧॥
24375	551	ਮਃ ੪॥		Ma 4 ||	Fourth Mehl:	
24376	551	ਅੰਧੇ ਚਾਨਣੁ ਤਾ ਥੀਐ ਜਾ ਸਤਿਗੁਰੁ ਮਿਲੈ ਰਜਾਇ॥		Andhhae Chaanan Thaa Thheeai Jaa Sathigur Milai Rajaae ||	The blind receive the Divine Light, when they merge with the Will of the True Guru.	ਅੰਨ੍ਹੇ ਮਨੁੱਖ ਨੂੰ ਚਾਨਣ ਤਾਂ ਹੀ ਹੁੰਦਾ ਹੈ ਜੇ (ਪ੍ਰਭੂ ਦੀ) ਰਜ਼ਾ ਵਿਚ ਉਸ ਨੂੰ ਸਤਿਗੁਰੂ ਮਿਲ ਪਏ।
24377	551	ਬੰਧਨ ਤੋੜੈ ਸਚਿ ਵਸੈ ਅਗਿਆਨੁ ਅਧੇਰਾ ਜਾਇ॥		Bandhhan Thorrai Sach Vasai Agiaan Adhhaeraa Jaae ||	They break their bonds, and dwell in Truth, and the darkness of ignorance is dispelled.	ਇੰਜ ਉਹ (ਮਾਇਆ ਦੇ) ਬੰਧਨ ਤੋੜ ਲੈਂਦਾ ਹੈ, ਸੱਚੇ ਹਰੀ ਵਿਚ ਲੀਨ ਹੋ ਜਾਂਦਾ ਹੈ ਤੇ ਉਸ ਦਾ ਅਗਿਆਨ (ਰੂਪ) ਹਨੇਰਾ ਦੂਰ ਹੋ ਜਾਂਦਾ ਹੈ।
24378	551	ਸਭੁ ਕਿਛੁ ਦੇਖੈ ਤਿਸੈ ਕਾ ਜਿਨਿ ਕੀਆ ਤਨੁ ਸਾਜਿ॥		Sabh Kishh Dhaekhai Thisai Kaa Jin Keeaa Than Saaj ||	They see that everything belongs to the One who created and fashioned the body.	ਫਿਰ ਮਨੁੱਖ ਸਭ ਕੁਝ ਉਸੇ ਪ੍ਰਭੂ ਦਾ ਹੀ ਸਮਝਦਾ ਹੈ, ਜਿਸ ਨੇ ਸਰੀਰ ਬਣਾ ਕੇ ਪੈਦਾ ਕੀਤਾ ਹੈ।

24379	551	ਨਾਨਕ ਸਰਣਿ ਕਰਤਾਰ ਕੀ ਕਰਤਾ ਰਾਖੈ ਲਾਜ॥੨॥		Naanak Saran Karathaar Kee Karathaa Raakhai Laaj ||2||	Nanak seeks the Sanctuary of the Creator - the Creator preserves his honor. ||2||	ਹੇ ਨਾਨਕ! ਐਸਾ ਮਨੁੱਖ ਸਿਰਜਣਹਾਰ ਦੀ ਸਰਣੀ ਪੈਂਦਾ ਹੈ ਤੇ ਸਿਰਜਣਹਾਰ ਉਸ ਦੀ ਪੈਜ ਰੱਖਦਾ ਹੈ (ਭਾਵ, ਉਸ ਨੂੰ ਵਿਕਾਰਾਂ ਤੋਂ ਬਚਾ ਲੈਂਦਾ ਹੈ) ॥੨॥
24380	551	ਪਉੜੀ॥	(ਥਾਟੁ) ਰਚਨਾ। (ਬੀਆ) ਦੂਜਾ	Pourree ||	Pauree:	
24381	551	ਜਦਹੁ ਆਪੇ ਥਾਟੁ ਕੀਆ ਬਹਿ ਕਰਤੈ ਤਦਹੁ ਪੁਛਿ ਨ ਸੇਵਕੁ ਬੀਆ॥		Jadhahu Aapae Thhaatt Keeaa Behi Karathai Thadhahu Pushh N Saevak Beeaa ||	When the Creator, sitting all by Himself, created the Universe, he did not consult with any of His servants;	ਜਦੋਂ ਪ੍ਰਭੂ ਨੇ ਆਪ ਹੀ ਬਹਿ ਕੇ ਰਚਨਾ ਰਚੀ ਤਦੋਂ ਉਸ ਨੇ ਕਿਸੇ ਦੂਸਰੇ ਸੇਵਕ ਪਾਸੋਂ ਸਲਾਹ ਨਹੀਂ ਲਈ ਸੀ,
24382	551	ਤਦਹੁ ਕਿਆ ਕੋ ਲੇਵੈ ਕਿਆ ਕੋ ਦੇਵੈ ਜਾਂ ਅਵਰੁ ਨ ਦੂਜਾ ਕੀਆ॥		Thadhahu Kiaa Ko Laevai Kiaa Ko Dhaevai Jaan Avar N Dhoojaa Keeaa ||	So what can anyone take, and what can anyone give, when He did not create any other like Himself?	ਜਦੋਂ ਹੋਰ ਦੂਸਰਾ ਕੋਈ ਪੈਦਾ ਹੀ ਨਹੀਂ ਸੀ ਕੀਤਾ, ਤਾਂ ਕਿਸੇ ਨੇ ਕਿਸੇ ਪਾਸੋਂ ਲੈਣਾ ਕੀਹ ਸੀ ਤੇ ਦੇਣਾ ਕੀਹ ਸੀ?
24383	551	ਫਿਰਿ ਆਪੇ ਜਗਤੁ ਉਪਾਇਆ ਕਰਤੈ ਦਾਨੁ ਸਭਨਾ ਕਉ ਦੀਆ॥	ਜੱਗਤੁ	Fir Aapae Jagath Oupaaeiaa Karathai Dhaan Sabhanaa Ko Dheeaa ||	Then, after fashioning the world, the Creator blessed all with His blessings.	ਫਿਰ ਹਰੀ ਨੇ ਆਪ ਹੀ ਸੰਸਾਰ ਨੂੰ ਪੈਦਾ ਕੀਤਾ ਤੇ ਸਭ ਜੀਵਾਂ ਨੂੰ ਰੋਜ਼ੀ ਦਿੱਤੀ।

24384	551	ਆਪੇ ਸੇਵ ਬਣਾਈਅਨੁ ਗੁਰਮੁਖਿ ਆਪੇ ਅੰਮ੍ਰਿਤੁ ਪੀਆ॥	ਬਣਾਈ-ਅਨੁ	Aapae Saev Banaaeean Guramukh Aapae Anmrith Peeaa ||	He Himself instructs us in His service, and as Gurmukh, we drink in His Ambrosial Nectar.	ਗੁਰੂ ਦੀ ਰਾਹੀਂ ਸਿਮਰਨ ਦੀ ਜੁਗਤਿ ਪ੍ਰਭੂ ਨੇ ਆਪ ਹੀ ਬਣਾਈ ਤੇ ਆਪ ਹੀ ਉਸ ਨੇ (ਨਾਮ-ਰੂਪ) ਅੰਮ੍ਰਿਤ ਪੀਤਾ।
24385	551	ਆਪਿ ਨਿਰੰਕਾਰ ਆਕਾਰੁ ਹੈ ਆਪੇ ਆਪੇ ਕਰੈ ਸੁ ਥੀਆ॥੭॥		Aap Nirankaar Aakaar Hai Aapae Aapae Karai S Thheeaa ||7||	He Himself is formless, and He Himself is formed; whatever He Himself does, comes to pass. ||7||	ਪ੍ਰਭੂ ਆਪ ਹੀ ਆਕਾਰ ਤੋਂ ਰਹਿਤ ਹੈ ਤੇ ਆਪ ਹੀ ਆਕਾਰ ਵਾਲਾ ਹੈ, ਜੋ ਉਹ ਆਪ ਕਰਦਾ ਹੈ ਸੋਈ ਹੁੰਦਾ ਹੈ ॥੭॥
24386	551	ਸਲੋਕ ਮਃ ੩॥		Salok Ma 3 ||	Shalok, Third Mehl:	
24387	551	ਗੁਰਮੁਖਿ ਪ੍ਰਭੁ ਸੇਵਹਿ ਸਦ ਸਾਚਾ ਅਨ ਦਿਨੁ ਸਹਜਿ ਪਿਆਰਿ॥		Guramukh Prabh Saevehi Sadh Saachaa Anadhin Sehaj Piaar ||	The Gurmukhs serve God forever; night and day, they are steeped in the Love of the True Lord.	ਸਤਿਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਹਰ ਵੇਲੇ ਸਹਿਜ ਅਵਸਥਾ ਵਿਚ ਲਿਵ ਜੋੜ ਕੇ (ਭਾਵ, ਸਦਾ ਇਕਾਗਰ ਚਿੱਤ ਰਹਿ ਕੇ) ਸਦਾ ਸੱਚੇ ਪ੍ਰਭੂ ਨੂੰ ਸਿਮਰਦੇ ਹਨ,
24388	551	ਸਦਾ ਅਨੰਦਿ ਗਾਵਹਿ ਗੁਣ ਸਾਚੇ ਅਰਧਿ ਉਰਧਿ ਉਰਿ ਧਾਰਿ॥	(ਅਰਧਿ) ਲੋਕ ਚ। (ਉਰਧਿ) ਪ੍ਰਲੋਕ ਚ	Sadhaa Anandh Gaavehi Gun Saachae Aradhh Ouradhh Our Dhhaar ||	They are in bliss forever, singing the Glorious Praises of the True Lord; in this world and in the next, they keep Him clasped to their hearts.	ਤੇ ਹੇਠ ਉਪਰ (ਸਭ ਥਾਈਂ) ਵਿਆਪਕ ਹਰੀ ਨੂੰ ਹਿਰਦੇ ਵਿਚ ਪ੍ਰੋ ਕੇ ਚੜ੍ਹਦੀ ਕਲਾ ਵਿਚ (ਰਹਿ ਕੇ) ਸਦਾ ਸੱਚੇ ਦੀ ਸਿਫ਼ਤ-ਸਾਲਾਹ ਕਰਦੇ ਹਨ।

24389	551	ਅੰਤਰਿ ਪ੍ਰੀਤਮੁ ਵਸਿਆ ਧੁਰਿ ਕਰਮੁ ਲਿਖਿਆ ਕਰਤਾਰਿ॥		Anthar Preetham Vasiaa Dhhur Karam Likhiaa Karathaar ||	Their Beloved dwells deep within; the Creator pre-ordained this destiny.	ਧੁਰੋਂ ਹੀ ਕਰਤਾਰ ਨੇ (ਉਹਨਾਂ ਲਈ) ਬਖ਼ਸ਼ਸ਼ (ਦਾ ਫ਼ੁਰਮਾਨ) ਲਿਖ ਦਿੱਤਾ ਹੈ ਜਿਸ ਕਰਕੇ ਉਹਨਾਂ ਦੇ ਹਿਰਦੇ ਵਿਚ ਪਿਆਰਾ ਪ੍ਰਭੂ ਵੱਸਦਾ ਹੈ।
24390	551	ਨਾਨਕ ਆਪਿ ਮਿਲਾਇਅਨੁ ਆਪੇ ਕਿਰਪਾ ਧਾਰਿ॥੧॥		Naanak Aap Milaaeian Aapae Kirapaa Dhhaar ||1||	O Nanak, He blends them into Himself; He Himself showers His Mercy upon them. ||1||	ਹੇ ਨਾਨਕ! ਉਸ ਪ੍ਰਭੂ ਨੇ ਆਪ ਹੀ ਕਿਰਪਾ ਕਰ ਕੇ ਉਹਨਾਂ ਨੂੰ ਆਪਣੇ ਵਿਚ ਮਿਲਾ ਲਿਆ ਹੈ ॥੧॥
24391	551	ਮਃ ੩॥		Ma 3 ||	Third Mehl:	
24392	551	ਕਹਿਐ ਕਥਿਐ ਨ ਪਾਈਐ ਅਨ ਦਿਨੁ ਰਹੈ ਸਦਾ ਗੁਣ ਗਾਇ॥		Kehiai Kathhiai N Paaeeai Anadhin Rehai Sadhaa Gun Gaae ||	By merely talking and speaking, He is not found. Night and day, sing His Glorious Praises continually.	ਕੇਵਲ ਕਹਿੰਦਿਆਂ ਤੇ ਕਥਦਿਆਂ ਪ੍ਰਭੂ ਨਹੀਂ ਮਿਲਦਾ, ਚਾਹੇ ਜੀਵ ਹਰ ਵੇਲੇ ਗੁਣ ਗਾਉਂਦਾ ਰਹੇ,
24393	551	ਵਿਣੁ ਕਰਮੈ ਕਿਨੈ ਨ ਪਾਇਓ ਭਉਕਿ ਮੁਏ ਬਿਲਲਾਇ॥		Vin Karamai Kinai N Paaeiou Bhouk Mueae Bilalaae ||	Without His Merciful Grace, no one finds Him; many have died barking and bewailing.	ਮੇਹਰ ਤੋਂ ਬਿਨਾ ਕਿਸੇ ਨੂੰ ਪ੍ਰਭੂ ਨਹੀਂ ਮਿਲਿਆ, ਕਈ ਰੋਂਦੇ ਕੁਰਲਾਉਂਦੇ ਮਰ ਗਏ ਹਨ।

24394	551	ਗੁਰ ਕੈ ਸਬਦਿ ਮਨੁ ਤਨੁ ਭਿਜੈ ਆਪਿ ਵਸੈ ਮਨਿ ਆਇ॥	ਭਿੱਜੈ	Gur Kai Sabadh Man Than Bhijai Aap Vasai Man Aae ||	When the mind and body are saturated with the Word of the Guru's Shabad, the Lord Himself comes to dwell in his mind.	ਸਤਿਗੁਰੂ ਦੇ ਸ਼ਬਦ ਨਾਲ (ਹੀ) ਮਨ ਤੇ ਤਨ ਭਿੱਜਦਾ ਹੈ ਤੇ ਪ੍ਰਭੂ ਹਿਰਦੇ ਵਿਚ ਵੱਸਦਾ ਹੈ।
24395	551	ਨਾਨਕ ਨਦਰੀ ਪਾਈਐ ਆਪੇ ਲਏ ਮਿਲਾਇ॥੨॥		Naanak Nadharee Paaeeai Aapae Leae Milaae ||2||	O Nanak, by His Grace, He is found; He unites us in His Union. ||2||	ਹੇ ਨਾਨਕ! ਪ੍ਰਭੂ ਆਪਣੀ ਕ੍ਰਿਪਾ ਦ੍ਰਿਸ਼ਟੀ ਨਾਲ ਹੀ ਮਿਲਦਾ ਹੈ, ਉਹ ਆਪ ਹੀ (ਜੀਵ ਨੂੰ) ਆਪਣੇ ਨਾਲ ਮਿਲਾਂਦਾ ਹੈ ॥੨॥
24396	551	ਪਉੜੀ॥		Pourree ||	Pauree:	
24397	551	ਆਪੇ ਵੇਦ ਪੁਰਾਣ ਸਭਿ ਸਾਸਤ ਆਪਿ ਕਥੈ ਆਪਿ ਭੀਜੈ॥	ਭੀੱਜੈ	Aapae Vaedh Puraan Sabh Saasath Aap Kathhai Aap Bheejai ||	He Himself is the Vedas, the Puraanas and all the Shaastras; He Himself chants them, and He Himself is pleased.	ਸਾਰੇ ਵੇਦ ਪੁਰਾਣ ਤੇ ਸ਼ਾਸਤ੍ਰ ਪ੍ਰਭੂ ਆਪ ਹੀ ਰਚਣ ਵਾਲਾ ਹੈ, ਆਪ ਹੀ ਇਹਨਾਂ ਦੀ ਕਥਾ ਕਰਦਾ ਹੈ ਤੇ ਆਪ ਹੀ (ਸੁਣ ਕੇ) ਪ੍ਰਸੰਨ ਹੁੰਦਾ ਹੈ।
24398	551	ਆਪੇ ਹੀ ਬਹਿ ਪੂਜੇ ਕਰਤਾ ਆਪਿ ਪਰਪੰਚੁ ਕਰੀਜੈ॥	ਪੂੱਜੇ	Aapae Hee Behi Poojae Karathaa Aap Parapanch Kareejai ||	He Himself sits down to worship, and He Himself creates the world.	ਹਰੀ ਆਪ ਹੀ ਬੈਠ ਕੇ (ਪੁਰਾਣ ਆਦਿਕ ਮਤ-ਅਨੁਸਾਰ) ਪੂਜਾ ਕਰਦਾ ਹੈ ਤੇ ਆਪ ਹੀ (ਹੋਰ) ਪਸਾਰਾ ਪਸਾਰਦਾ ਹੈ।

24399	551	ਆਪਿ ਪਰਵਿਰਤਿ ਆਪਿ ਨਿਰਵਿਰਤੀ ਆਪੇ ਅਕਥੁ ਕਥੀਜੈ॥	(ਪਰਵਿਰਤਿ) ਸੰਸਾਰੀ। (ਨਿਰਵਿਰਤੀ) ਤਿਆਗੀ। ਅ-ਕਥੁ: ਪੋਲਾ ਬੋਲੋ	Aap Paravirath Aap Niravirathee Aapae Akathh Kathheejai ||	He Himself is a householder, and He Himself is a renunciate; He Himself utters the Unutterable.	ਆਪ ਹੀ ਸੰਸਾਰ ਵਿਚ ਖਚਿਤ ਹੋ ਰਿਹਾ ਹੈ ਤੇ ਆਪ ਹੀ ਏਸ ਤੋਂ ਕਿਨਾਰਾ ਕਰੀ ਬੈਠਾ ਹੈ ਤੇ ਕਥਨ ਤੋਂ ਪਰੇ ਆਪਣਾ ਆਪਾ ਆਪ ਹੀ ਬਿਆਨ ਕਰਦਾ ਹੈ।
24400	551	ਆਪੇ ਪੁੰਨੁ ਸਭੁ ਆਪਿ ਕਰਾਏ ਆਪਿ ਅਲਿਪਤੁ ਵਰਤੀਜੈ॥	ਅ-ਲਿਪਤੁ	Aapae Punn Sabh Aap Karaaeae Aap Alipath Varatheejai ||	He Himself is all goodness, and He Himself causes us to act; He Himself remains detached.	ਪੁੰਨ ਭੀ ਆਪ ਹੀ ਕਰਾਉਂਦਾ ਹੈ, ਫੇਰ (ਪਾਪ) ਪੁੰਨ ਤੋਂ ਅਲੇਪ ਭੀ ਆਪ ਹੀ ਵਰਤਦਾ ਹੈ।
24401	551	ਆਪੇ ਸੁਖੁ ਦੁਖੁ ਦੇਵੈ ਕਰਤਾ ਆਪੇ ਬਖਸ ਕਰੀਜੈ॥੮॥		Aapae Sukh Dhukh Dhaevai Karathaa Aapae Bakhas Kareejai ||8||	He Himself grants pleasure and pain; the Creator Himself bestows His gifts. ||8||	ਆਪ ਹੀ ਪ੍ਰਭੂ ਸੁਖ ਦੁਖ ਦੇਂਦਾ ਹੈ ਅਤੇ ਆਪ ਹੀ ਮੇਹਰ ਕਰਦਾ ਹੈ ॥੮॥
24402	551	ਸਲੋਕ ਮਃ ੩॥		Salok Ma 3 ||	Shalok, Third Mehl:	
24403	551	ਸੇਖਾ ਅੰਦਰਹੁ ਜੋਰੁ ਛਡਿ ਤੂ ਭਉ ਕਰਿ ਝਲੁ ਗਵਾਇ॥	ਝੱਲੁ	Saekhaa Andharahu Jor Shhadd Thoo Bho Kar Jhal Gavaae ||	O Shaykh, abandon your cruel nature; live in the Fear of God and give up your madness.	ਹੇ ਸ਼ੇਖ਼! ਹਿਰਦੇ ਵਿਚੋਂ ਹਠ ਛੱਡ ਦੇਹ, ਇਹ ਝੱਲ-ਪੁਣਾ ਦੂਰ ਕਰ ਤੇ ਸਤਿਗੁਰੂ ਦਾ ਡਰ ਹਿਰਦੇ ਵਿਚ ਵਸਾ (ਭਾਵ, ਅਦਬ ਵਿਚ ਆ)।

24404	551	ਗੁਰ ਕੈ ਭੈ ਕੇਤੇ ਨਿਸਤਰੇ ਭੈ ਵਿਚਿ ਨਿਰਭਉ ਪਾਇ॥		Gur Kai Bhai Kaethae Nisatharae Bhai Vich Nirabho Paae ||	Through the Fear of the Guru, many have been saved; in this fear, find the Fearless Lord.	ਸਤਿਗੁਰੂ ਦੇ ਅਦਬ ਵਿਚ ਰਹਿ ਕੇ ਨਿਰਭਉ ਪ੍ਰਭੂ ਨੂੰ ਲੱਭ ਕੇ ਕਈ ਏਸ ਡਰ ਦੀ ਰਾਹੀਂ ਤਰ ਗਏ ਹਨ।
24405	551	ਮਨੁ ਕਠੋਰੁ ਸਬਦਿ ਭੇਦਿ ਤੂੰ ਸਾਂਤਿ ਵਸੈ ਮਨਿ ਆਇ॥		Man Kathor Sabadh Bhaedh Thoon Saanth Vasai Man Aae ||	Pierce your stone heart with the Word of the Shabad; let peace and tranquility come to abide in your mind.	ਆਪਣੇ ਕਰੜੇ ਮਨ ਨੂੰ ਸਤਿਗੁਰੂ ਦੇ ਸ਼ਬਦ ਨਾਲ ਵਿੰਨ੍ਹ ਤਾਂ ਕਿ ਤੇਰੇ ਮਨ ਵਿਚ ਸ਼ਾਂਤੀ ਤੇ ਠੰਡ ਆ ਕੇ ਵੱਸੇ।
24406	551	ਸਾਂਤੀ ਵਿਚਿ ਕਾਰ ਕਮਾਵਣੀ ਸਾ ਖਸਮੁ ਪਾਏ ਥਾਇ॥		Saanthee Vich Kaar Kamaavanee Saa Khasam Paaeae Thhaae ||	If good deeds are done in this state of peace, they are approved by the Lord and Master.	ਫੇਰ ਸ਼ਾਤੀ ਵਿਚ (ਭਜਨ ਬੰਦਗੀ ਵਾਲੀ) ਜੋ ਕਾਰ ਕਰੇਂਗਾ, ਮਾਲਕ ਉਸ ਨੂੰ ਕਬੂਲ ਕਰੇਗਾ।
24407	551	ਨਾਨਕ ਕਾਮਿ ਕ੍ਰੋਧਿ ਕਿਨੈ ਨ ਪਾਇਓ ਪੁਛਹੁ ਗਿਆਨੀ ਜਾਇ॥੧॥		Naanak Kaam Krodhh Kinai N Paaeiou Pushhahu Giaanee Jaae ||1||	O Nanak, through sexual desire and anger, no one has ever found God - go, and ask any wise man. ||1||	ਹੇ ਨਾਨਕ! ਕਿਸੇ ਗਿਆਨ ਵਾਲੇ ਨੂੰ ਜਾ ਕੇ ਪੁੱਛ ਲੈ, ਕਾਮ ਤੇ ਕ੍ਰੋਧ (ਆਦਿਕ ਵਿਕਾਰਾਂ) ਦੇ ਅਧੀਨ ਹੋਇਆਂ ਕਿਸੇ ਨੂੰ ਭੀ ਰੱਬ ਨਹੀਂ ਲੱਭਾ ॥੧॥
24408	551	ਮਃ ੩॥		Ma 3 ||	Third Mehl:	

24409	552	ਮਨਮੁਖ ਮਾਇਆ ਮੋਹੁ ਹੈ ਨਾਮਿ ਨ ਲਗੋ ਪਿਆਰੁ॥		Manamukh Maaeiaa Mohu Hai Naam N Lago Piaar ||	The self-willed manmukh is emotionally attached to Maya - he has no love for the Naam.	ਮਨਮੁਖ ਦਾ ਮਾਇਆ ਵਿਚ ਮੋਹ ਹੈ (ਇਸ ਕਰ ਕੇ) ਨਾਮ ਵਿਚ ਉਸਦਾ ਪਿਆਰ ਨਹੀਂ ਬਣਦਾ।
24410	552	ਕੂੜੁ ਕਮਾਵੈ ਕੂੜੁ ਸੰਗ੍ਰਹੈ ਕੂੜੁ ਕਰੇ ਆਹਾਰੁ॥		Koorr Kamaavai Koorr Sangrehai Koorr Karae Aahaar ||	He practices falsehood, gathers in falsehood, and makes falsehood his sustenance.	ਉਹ (ਮਾਇਆ ਰੂਪ) ਖੋਟ ਕਮਾਉਂਦਾ, ਖੋਟ ਹੀ ਇਕੱਠੀ ਕਰਦਾ ਹੈ ਤੇ ਖੋਟ ਨੂੰ ਹੀ ਆਪਣੀ ਖ਼ੁਰਾਕ ਬਣਾਉਂਦਾ ਹੈ (ਭਾਵ, ਜ਼ਿੰਦਗੀ ਦਾ ਆਸਰਾ ਸਮਝਦਾ ਹੈ)।
24411	552	ਬਿਖੁ ਮਾਇਆ ਧਨੁ ਸੰਚਿ ਮਰਹਿ ਅੰਤੇ ਹੋਇ ਸਭੁ ਛਾਰੁ॥		Bikh Maaeiaa Dhhan Sanch Marehi Anthae Hoe Sabh Shhaar ||	He collects the poisonous wealth of Maya, and then dies; in the end, it is all reduced to ashes.	(ਮਨੁੱਖ) ਵਿਹੁ ਰੂਪ ਮਾਇਆ-ਧਨ ਨੂੰ ਇਕੱਠਾ ਕਰ ਕਰ ਕੇ ਖਪਦੇ ਮਰਦੇ ਹਨ ਤੇ ਉਹ ਸਾਰਾ ਧਨ ਅਖ਼ੀਰ ਵੇਲੇ ਸੁਆਹ (ਵਾਂਗ) ਹੋ ਜਾਂਦਾ ਹੈ।
24412	552	ਕਰਮ ਧਰਮ ਸੁਚ ਸੰਜਮ ਕਰਹਿ ਅੰਤਰਿ ਲੋਭੁ ਵਿਕਾਰੁ॥		Karam Dhharam Such Sanjam Karehi Anthar Lobh Vikaar ||	He practices religious rituals, purity and austere self-discipline, but within, there is greed and corruption.	ਉਹ ਆਪਣੇ ਵਲੋਂ ਕਰਮ ਤੇ ਧਰਮ ਪਵਿਤ੍ਰਤਾ ਦੇ ਸਾਧਨ ਤੇ ਹੋਰ ਸੰਜਮ (ਭੀ) ਕਰਦੇ ਹਨ (ਪਰ) ਉਹਨਾਂ ਦੇ ਹਿਰਦੇ ਵਿਚ ਲੋਭ ਤੇ ਵਿਕਾਰ (ਹੀ) ਰਹਿੰਦਾ ਹੈ।

24413	552	ਨਾਨਕ ਜਿ ਮਨਮੁਖੁ ਕਮਾਵੈ ਸੁ ਥਾਇ ਨਾ ਪਵੈ ਦਰਗਹਿ ਹੋਇ ਖੁਆਰੁ॥੨॥		Naanak J Manamukh Kamaavai S Thhaae Naa Pavai Dharagehi Hoe Khuaar ||2||	O Nanak, whatever the self-willed manmukh does, is not acceptable; in the Court of the Lord, he is dishonored. ||2||	ਹੇ ਨਾਨਕ! ਮਨ ਦੇ ਅਧੀਨ ਹੋਇਆ ਹੋਇਆ ਮਨੁੱਖ ਜੋ ਕੁਝ (ਭੀ) ਕਰਦਾ ਹੈ ਉਹ ਕਬੂਲ ਨਹੀਂ ਹੁੰਦਾ ਤੇ ਪ੍ਰਭੂ ਦੀ ਹਜ਼ੂਰੀ ਵਿੱਚ ਉਹ ਖ਼ੁਆਰ ਹੁੰਦਾ ਹੈ ॥੨॥
24414	552	ਪਉੜੀ॥		Pourree ||	Pauree:	
24415	552	ਆਪੇ ਖਾਣੀ ਆਪੇ ਬਾਣੀ ਆਪੇ ਖੰਡ ਵਰਭੰਡ ਕਰੇ॥		Aapae Khaanee Aapae Baanee Aapae Khandd Varabhandd Karae ||	He Himself created the four sources of creation, and He Himself fashioned speech; He Himself formed the worlds and solar systems.	ਪ੍ਰਭੂ ਆਪ ਹੀ ਖਾਣੀਆਂ, ਬੋਲੀਆਂ, ਖੰਡ ਤੇ ਬ੍ਰਹਮੰਡ ਬਣਾਉਂਦਾ ਹੈ।
24416	552	ਆਪਿ ਸਮੁੰਦੁ ਆਪਿ ਹੈ ਸਾਗਰੁ ਆਪੇ ਹੀ ਵਿਚਿ ਰਤਨ ਧਰੇ॥		Aap Samundh Aap Hai Saagar Aapae Hee Vich Rathan Dhharae ||	He Himself is the ocean, and He Himself is the sea; He Himself puts the pearls in it.	ਆਪ ਹੀ ਸਮੁੰਦਰ ਸਾਗਰ ਹੈ ਤੇ ਉਸ ਨੇ ਆਪ ਹੀ ਇਸ ਵਿਚ (ਸਿਫ਼ਤ-ਸਾਲਾਹ ਰੂਪ) ਰਤਨ ਲੁਕਾ ਰੱਖੇ ਹਨ।
24417	552	ਆਪਿ ਲਹਾਏ ਕਰੇ ਜਿਸੁ ਕਿਰਪਾ ਜਿਸ ਨੋ ਗੁਰਮੁਖਿ ਕਰੇ ਹਰੇ॥	(ਲਹਾਏ) ਲੱਭਾਏ	Aap Lehaaeae Karae Jis Kirapaa Jis No Guramukh Karae Harae ||	By His Grace, the Lord enables the Gurmukh to find these pearls.	ਜਿਸ ਤੇ ਕਿਰਪਾ ਕਰਦਾ ਹੈ, ਤੇ ਜਿਸ ਨੂੰ ਸਤਿਗੁਰੂ ਦੇ ਸਨਮੁਖ ਕਰਦਾ ਹੈ ਉਸ ਨੂੰ ਆਪ ਹੀ ਉਹ ਰਤਨ ਲਭਾ ਦੇਂਦਾ ਹੈ।

24418	552	ਆਪੇ ਭਉਜਲੁ ਆਪਿ ਹੈ ਬੋਹਿਥਾ ਆਪੇ ਖੇਵਟੁ ਆਪਿ ਤਰੇ॥		Aapae Bhoujal Aap Hai Bohithhaa Aapae Khaevatt Aap Tharae ||	He Himself is the terrifying world-ocean, and He Himself is the boat; He Himself is the boatman, and He Himself ferries us across.	ਪ੍ਰਭੂ ਆਪ ਹੀ (ਸੰਸਾਰ) ਸਮੁੰਦਰ ਹੈ, ਆਪ ਹੀ ਜਹਾਜ਼ ਹੈ, ਆਪ ਹੀ ਮੱਲਾਹ ਹੈ ਤੇ ਆਪ ਹੀ ਤਰਦਾ ਹੈ।
24419	552	ਆਪੇ ਕਰੇ ਕਰਾਏ ਕਰਤਾ ਅਵਰੁ ਨ ਦੂਜਾ ਤੁਝੈ ਸਰੇ॥੯॥		Aapae Karae Karaaeae Karathaa Avar N Dhoojaa Thujhai Sarae ||9||	The Creator Himself acts, and causes us to act; no one else can equal You, Lord. ||9||	ਆਪ ਹੀ ਸਭ ਕੁਝ ਕਰਦਾ ਕਰਾਉਂਦਾ ਹੈ। ਹੇ ਪ੍ਰਭੂ! ਤੇਰੇ ਜਿਹਾ ਦੂਜਾ ਕੋਈ ਨਹੀਂ ॥੯॥
24420	552	ਸਲੋਕ ਮਃ ੩॥		Salok Ma 3 ||	Shalok, Third Mehl:	
24421	552	ਸਤਿਗੁਰ ਕੀ ਸੇਵਾ ਸਫਲ ਹੈ ਜੇ ਕੋ ਕਰੇ ਚਿਤੁ ਲਾਇ॥	ਚਿੱਤੁ	Sathigur Kee Saevaa Safal Hai Jae Ko Karae Chith Laae ||	Fruitful is service to the True Guru, if one does so with a sincere mind.	ਜੇ ਮਨੁੱਖ ਮਨ ਟਿਕਾ ਕੇ ਸਤਿਗੁਰੂ ਦੀ (ਦੱਸੀ ਹੋਈ) ਕਾਰ ਕਰੇ, ਤਾਂ ਉਹ ਸੇਵਾ ਜ਼ਰੂਰ ਫਲ ਦੇਂਦੀ ਹੈ।
24422	552	ਨਾਮੁ ਪਦਾਰਥੁ ਪਾਈਐ ਅਚਿੰਤੁ ਵਸੈ ਮਨਿ ਆਇ॥		Naam Padhaarathh Paaeeai Achinth Vasai Man Aae ||	The treasure of the Naam, is obtained, and the mind comes to be free of anxiety.	ਇੰਜ ਨਾਮ ਧਨ ਮਿਲ ਜਾਂਦਾ ਹੈ ਤੇ ਚਿੰਤਾ ਤੋਂ ਰਹਿਤ (ਪ੍ਰਭੂ) ਮਨ ਵਿਚ ਆ ਵੱਸਦਾ ਹੈ।

24423	552	ਜਨਮ ਮਰਨ ਦੁਖੁ ਕਟੀਐ ਹਉਮੈ ਮਮਤਾ ਜਾਇ॥		Janam Maran Dhukh Katteeai Houmai Mamathaa Jaae ||	The pains of birth and death are eradicated, and the mind is rid of egotism and self-conceit.	ਤੇ ਇਹ ਸਾਰੀ ਉਮਰ ਦਾ ਦੁੱਖ ਕੱਟਿਆ ਜਾਂਦਾ ਹੈ ਤੇ ਹਉਮੈ ਮਮਤਾ ਦੂਰ ਹੋ ਜਾਂਦੀ ਹੈ।
24424	552	ਉਤਮ ਪਦਵੀ ਪਾਈਐ ਸਚੇ ਰਹੈ ਸਮਾਇ॥		Outham Padhavee Paaeeai Sachae Rehai Samaae ||	One achieves the ultimate state, and remains absorbed in the True Lord.	ਤੇ ਇੰਜ (ਪ੍ਰਭੂ ਦੀ ਹਜ਼ੂਰੀ ਵਿਚ) ਵੱਡਾ ਰੁਤਬਾ ਮਿਲਦਾ ਹੈ, ਮਨੁੱਖ ਸੱਚੇ ਹਰੀ ਵਿਚ ਸਮਾਇਆ ਰਹਿੰਦਾ ਹੈ।
24425	552	ਨਾਨਕ ਪੂਰਬਿ ਜਿਨ ਕਉ ਲਿਖਿਆ ਤਿਨਾ ਸਤਿਗੁਰੁ ਮਿਲਿਆ ਆਇ॥੧॥		Naanak Poorab Jin Ko Likhiaa Thinaa Sathigur Miliaa Aae ||1||	O Nanak, the True Guru comes and meets those who have such pre-ordained destiny. ||1||	ਹੇ ਨਾਨਕ! ਮੁੱਢ ਤੋਂ ਜਿਨ੍ਹਾਂ ਦੇ ਹਿਰਦੇ ਵਿਚ (ਚੰਗੇ ਸੰਸਕਾਰ) ਉੱਕਰੇ ਹੋਏ ਹਨ, ਉਹਨਾਂ ਨੂੰ ਹੀ ਸਤਿਗੁਰੂ ਆ ਮਿਲਦਾ ਹੈ (ਭਾਵ, ਉਹੀ ਸਤਿਗੁਰੂ ਨੂੰ ਪਛਾਣ ਲੈਂਦੇ ਹਨ) ॥੧॥
24426	552	ਮਃ ੩॥		Ma 3 ||	Third Mehl:	
24427	552	ਨਾਮਿ ਰਤਾ ਸਤਿਗੁਰੂ ਹੈ ਕਲਿਜੁਗ ਬੋਹਿਥੁ ਹੋਇ॥	ਰੱਤਾ	Naam Rathaa Sathiguroo Hai Kalijug Bohithh Hoe ||	The True Guru is imbued with the Naam, the Name of the Lord; He is the boat in this Dark Age of Kali Yuga.	ਸਤਿਗੁਰੂ (ਪ੍ਰਭੂ ਦੇ) ਨਾਮ ਵਿਚ ਭਿੱਜਾ ਹੋਇਆ ਹੁੰਦਾ ਹੈ ਤੇ ਕਲਿਜੁਗ (ਦੇ ਜੀਆਂ ਨੂੰ ਤਾਰਨ) ਲਈ ਜਹਾਜ਼ ਬਣਦਾ ਹੈ।

24428	552	ਗੁਰਮੁਖਿ ਹੋਵੈ ਸੁ ਪਾਰਿ ਪਵੈ ਜਿਨਾ ਅੰਦਰਿ ਸਚਾ ਸੋਇ॥		Guramukh Hovai S Paar Pavai Jinaa Andhar Sachaa Soe ||	One who becomes Gurmukh crosses over; the True Lord dwells within him.	ਗੁਰੂ ਦੇ ਸਨਮੁਖ ਹੋਣ ਕਾਰਨ ਜਿਸ ਦੇ ਅੰਦਰ ਪ੍ਰਭੂ ਸਮਾ ਜਾਂਦਾ ਹੈ ਉਹ ਸੰਸਾਰ ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।
24429	552	ਨਾਮੁ ਸਮ੍ਹਾਲੇ ਨਾਮੁ ਸੰਗ੍ਰਹੈ ਨਾਮੇ ਹੀ ਪਤਿ ਹੋਇ॥		Naam Samhaalae Naam Sangrehai Naamae Hee Path Hoe ||	He remembers the Naam, he gathers in the Naam, and he obtains honor through the Naam.	ਇੰਜ ਮਨੁੱਖ ਨਾਮ ਨੂੰ ਸਾਂਭਦਾ ਹੈ ਤੇ ਨਾਮ ਧਨ ਇਕੱਠਾ ਕਰਦਾ ਹੈ ਤੇ ਨਾਮ ਦੇ ਕਾਰਨ ਹੀ ਉਸ ਦਾ ਆਦਰ ਹੁੰਦਾ ਹੈ।
24430	552	ਨਾਨਕ ਸਤਿਗੁਰੁ ਪਾਇਆ ਕਰਮਿ ਪਰਾਪਤਿ ਹੋਇ॥੨॥		Naanak Sathigur Paaeiaa Karam Paraapath Hoe ||2||	Nanak has found the True Guru; by His Grace, the Name is obtained. ||2||	ਹੇ ਨਾਨਕ! ਸਤਿਗੁਰੂ ਨੂੰ ਮਿਲ ਕੇ ਪ੍ਰਭੂ ਦੀ ਮੇਹਰ ਨਾਲ ਹੀ (ਭਾਵ, ਬਖ਼ਸ਼ਸ਼ ਦਾ ਪਾਤ੍ਰ ਬਣਿਆਂ ਹੀ) ਨਾਮ ਦੀ ਪ੍ਰਾਪਤੀ ਹੁੰਦੀ ਹੈ ॥੨॥
24431	552	ਪਉੜੀ॥		Pourree ||	Pauree:	
24432	552	ਆਪੇ ਪਾਰਸੁ ਆਪਿ ਧਾਤੁ ਹੈ ਆਪਿ ਕੀਤੋਨੁ ਕੰਚਨੁ॥		Aapae Paaras Aap Dhhaath Hai Aap Keethon Kanchan ||	He Himself is the Philosopher's Stone, He Himself is the metal, and He Himself is transformed into gold.	ਪ੍ਰਭੂ ਸੁਆਮੀ ਆਪ ਹੀ ਪਾਰਸ ਹੈ, ਆਪ ਹੀ ਲੋਹਾ ਹੈ ਤੇ ਉਸ ਨੇ ਆਪ ਹੀ (ਉਸ ਤੋਂ) ਸੋਨਾ ਬਣਾਇਆ ਹੈ।

24433	552	ਆਪੇ ਠਾਕੁਰੁ ਸੇਵਕੁ ਆਪੇ ਆਪੇ ਹੀ ਪਾਪ ਖੰਡਨੁ॥		Aapae Thaakur Saevak Aapae Aapae Hee Paap Khanddan ||	He Himself is the Lord and Master, He Himself is the servant, and He Himself is the Destroyer of sins.	ਆਪ ਹੀ ਠਾਕੁਰ ਹੈ, ਆਪ ਹੀ ਸੇਵਕ ਹੈ ਤੇ ਆਪ ਹੀ ਪਾਪ ਦੂਰ ਕਰਨ ਵਾਲਾ ਹੈ।
24434	552	ਆਪੇ ਸਭਿ ਘਟ ਭੋਗਵੈ ਸੁਆਮੀ ਆਪੇ ਹੀ ਸਭੁ ਅੰਜਨੁ॥	(ਅੰਜਨੁ) ਮਾਇਆ	Aapae Sabh Ghatt Bhogavai Suaamee Aapae Hee Sabh Anjan ||	He Himself enjoys every heart; the Lord Master Himself is the basis of all illusion.	ਸਾਰੇ ਸਰੀਰਾਂ ਵਿਚ ਆਪ ਹੀ ਵਿਆਪਕ ਹੋ ਕੇ ਮਾਇਕ ਪਦਾਰਥ ਭੋਗਦਾ ਹੈ ਤੇ ਸਾਰੀ ਮਾਇਆ ਭੀ ਆਪ ਹੀ ਹੈ।
24435	552	ਆਪਿ ਬਿਬੇਕੁ ਆਪਿ ਸਭੁ ਬੇਤਾ ਆਪੇ ਗੁਰਮੁਖਿ ਭੰਜਨੁ॥		Aap Bibaek Aap Sabh Baethaa Aapae Guramukh Bhanjan ||	He Himself is the discerning one, and He Himself is the Knower of all; He Himself breaks the bonds of the Gurmukhs.	ਆਪ ਹੀ ਬਿਬੇਕ (ਭਾਵ, ਗਿਆਨ) ਹੈ, ਆਪ ਹੀ ਸਾਰੇ (ਬਿਬੇਕ) ਨੂੰ ਜਾਣਨ ਵਾਲਾ ਹੈ ਤੇ ਆਪ ਹੀ ਸਤਿਗੁਰੂ ਦੇ ਸਨਮੁਖ ਹੋ ਕੇ (ਮਾਇਆ ਦੇ ਬੰਧਨ) ਤੋੜਨ ਵਾਲਾ ਹੈ।
24436	552	ਜਨੁ ਨਾਨਕੁ ਸਾਲਾਹਿ ਨ ਰਜੈ ਤੁਧੁ ਕਰਤੇ ਤੂ ਹਰਿ ਸੁਖਦਾਤਾ ਵਡਨੁ॥੧੦॥	ਰੱਜੈ। ਵੱਡਨੁ	Jan Naanak Saalaahi N Rajai Thudhh Karathae Thoo Har Sukhadhaathaa Vaddan ||10||	Servant Nanak is not satisfied by merely praising You, O Creator Lord; You are the Great Giver of peace. ||10||	ਹੇ ਕਰਤਾਰ! ਦਾਸ ਨਾਨਕ ਤੇਰੀ ਸਿਫ਼ਤ-ਸਾਲਾਹ ਕਰ ਕੇ ਰੱਜਦਾ ਨਹੀਂ (ਭਾਵ ਮੈਂ ਤੇਰੀ ਕੇਹੜੀ ਸਿਫ਼ਤ ਕਰਾਂ?), ਤੂੰ ਸਭ ਤੋਂ ਵੱਡਾ ਸੁਖਾਂ ਦਾ ਦਾਤਾ ਹੈਂ ॥੧੦॥
24437	552	ਸਲੋਕੁ ਮਃ ੪॥		Salok Ma 4 ||	Shalok, Fourth Mehl:	

24438	552	ਬਿਨੁ ਸਤਿਗੁਰ ਸੇਵੇ ਜੀਅ ਕੇ ਬੰਧਨਾ ਜੇਤੇ ਕਰਮ ਕਮਾਹਿ॥		Bin Sathigur Saevae Jeea Kae Bandhhanaa Jaethae Karam Kamaahi ||	Without serving the True Guru, the deeds which are done are only chains binding the soul.	ਸਤਿਗੁਰੂ ਦੀ ਦੱਸੀ ਹੋਈ ਕਾਰ ਕਰਨ ਤੋਂ ਬਿਨਾ ਜਿਤਨੇ ਕੰਮ ਜੀਵ ਕਰਦੇ ਹਨ ਉਹ ਉਹਨਾਂ ਲਈ ਬੰਧਨ ਬਣਦੇ ਹਨ।
24439	552	ਬਿਨੁ ਸਤਿਗੁਰ ਸੇਵੇ ਠਵਰ ਨ ਪਾਵਹੀ ਮਰਿ ਜੰਮਹਿ ਆਵਹਿ ਜਾਹਿ॥		Bin Sathigur Saevae Thavar N Paavehee Mar Janmehi Aavehi Jaahi ||	Without serving the True Guru, they find no place of rest. They die, only to be born again - they continue coming and going.	ਸਤਿਗੁਰੂ ਦੀ ਸੇਵਾ ਤੋਂ ਬਿਨਾ ਕੋਈ ਹੋਰ ਆਸਰਾ ਜੀਵਾਂ ਨੂੰ ਮਿਲਦਾ ਨਹੀਂ (ਤੇ ਇਸ ਕਰ ਕੇ) ਮਰਦੇ ਤੇ ਜੰਮਦੇ ਰਹਿੰਦੇ ਹਨ।
24440	552	ਬਿਨੁ ਸਤਿਗੁਰ ਸੇਵੇ ਫਿਕਾ ਬੋਲਣਾ ਨਾਮੁ ਨ ਵਸੈ ਮਨਿ ਆਇ॥		Bin Sathigur Saevae Fikaa Bolanaa Naam N Vasai Man Aae ||	Without serving the True Guru, their speech is insipid. They do not enshrine the Naam, the Name of the Lord, in the mind.	ਗੁਰੂ ਦੀ ਦੱਸੀ ਹੋਈ ਸਿਮਰਨ ਦੀ ਕਾਰ ਤੋਂ ਖੁੰਝ ਕੇ ਮਨੁੱਖ ਹੋਰ ਹੋਰ ਫਿੱਕੇ ਬੋਲ ਬੋਲਦਾ ਹੈ ਤੇ ਇਸ ਦੇ ਹਿਰਦੇ ਵਿਚ ਨਾਮ ਨਹੀਂ ਵੱਸਦਾ।
24441	552	ਨਾਨਕ ਬਿਨੁ ਸਤਿਗੁਰ ਸੇਵੇ ਜਮਪੁਰਿ ਬਧੇ ਮਾਰੀਅਹਿ ਮੁਹਿ ਕਾਲੈ ਉਠਿ ਜਾਹਿ॥੧॥	ਬੱਧੇ	Naanak Bin Sathigur Saevae Jam Pur Badhhae Maareeahi Muhi Kaalai Outh Jaahi ||1||	O Nanak, without serving the True Guru, they are bound and gagged, and beaten in the City of Death; they depart with blackened faces. ||1||	ਹੇ ਨਾਨਕ! ਸਤਿਗੁਰੂ ਦੀ ਸੇਵਾ ਤੋਂ ਬਿਨਾ ਜੀਵ (ਮਾਨੋ) ਜਮਪੁਰੀ ਵਿਚ ਬੱਧੇ ਮਾਰੀਦੇ ਹਨ ਤੇ (ਤੁਰਨ ਵੇਲੇ) ਜੱਗ ਤੋਂ ਮੁਕਾਲਖ ਖੱਟ ਕੇ ਜਾਂਦੇ ਹਨ ॥੧॥

24442	552	ਮਃ ੩॥		Ma 3 ||	Third Mehl:	
24443	552	ਇਕਿ ਸਤਿਗੁਰ ਕੀ ਸੇਵਾ ਕਰਹਿ ਚਾਕਰੀ ਹਰਿ ਨਾਮੇ ਲਗੈ ਪਿਆਰੁ॥		Eik Sathigur Kee Saevaa Karehi Chaakaree Har Naamae Lagai Piaar ||	Some wait upon and serve the True Guru; they embrace love for the Lord's Name.	ਕਈ ਮਨੁੱਖ ਸਤਿਗੁਰੂ ਦੀ ਦੱਸੀ ਹੋਈ ਸਿਮਰਨ ਦੀ ਕਾਰ ਕਰਦੇ ਹਨ ਤੇ ਉਹਨਾਂ ਦਾ ਪ੍ਰਭੂ ਦੇ ਨਾਮ ਵਿਚ ਪਿਆਰ ਬਣ ਜਾਂਦਾ ਹੈ।
24444	552	ਨਾਨਕ ਜਨਮੁ ਸਵਾਰਨਿ ਆਪਣਾ ਕੁਲ ਕਾ ਕਰਨਿ ਉਧਾਰੁ॥੨॥		Naanak Janam Savaaran Aapanaa Kul Kaa Karan Oudhhaar ||2||	O Nanak, they reform their lives, and redeem their generations as well. ||2||	ਹੇ ਨਾਨਕ! ਐਸੇ ਮਨੁੱਖ ਆਪਣਾ ਜਨਮ ਸਵਾਰ ਲੈਂਦੇ ਹਨ ਤੇ ਆਪਣੀ ਕੁਲ ਭੀ ਤਾਰ ਲੈਂਦੇ ਹਨ ॥੨॥
24445	552	ਪਉੜੀ॥		Pourree ||	Pauree:	
24446	552	ਆਪੇ ਚਾਟਸਾਲ ਆਪਿ ਹੈ ਪਾਧਾ ਆਪੇ ਚਾਟੜੇ ਪੜਣ ਕਉ ਆਣੇ॥	(ਚਾਟਸਾਲ) ਪਾਠਸ਼ਾਲਾ। ਪੱਧਾ	Aapae Chaattasaal Aap Hai Paadhhaa Aapae Chaattarae Parran Ko Aanae ||	He Himself is the school, He Himself is the teacher, and He Himself brings the students to be taught.	ਪ੍ਰਭੂ ਆਪ ਹੀ ਪਾਠਸ਼ਾਲਾ ਹੈ, ਆਪ ਹੀ ਉਸਤਾਦ ਹੈ, ਤੇ ਆਪ ਹੀ ਵਿਦਆਰਥੀ ਪੜ੍ਹਨ ਨੂੰ ਲਿਆਉਂਦਾ ਹੈ।
24447	552	ਆਪੇ ਪਿਤਾ ਮਾਤਾ ਹੈ ਆਪੇ ਆਪੇ ਬਾਲਕ ਕਰੇ ਸਿਆਣੇ॥		Aapae Pithaa Maathaa Hai Aapae Aapae Baalak Karae Siaanae ||	He Himself is the father, He Himself is the mother, and He Himself makes the children wise.	ਆਪ ਹੀ ਮਾਂ ਪਿਉ ਹੈ ਤੇ ਆਪ ਹੀ ਬਾਲਕਾਂ ਨੂੰ ਸਿਆਣੇ ਕਰਦਾ ਹੈ।

24448	552	ਇਕ ਥੈ ਪੜਿ ਬੁਝੈ ਸਭੁ ਆਪੇ ਇਕ ਥੈ ਆਪੇ ਕਰੇ ਇਆਣੇ॥		Eik Thhai Parr Bujhai Sabh Aapae Eik Thhai Aapae Karae Eiaanae ||	In one place, He teaches them to read and understand everything, while in another place, He Himself makes them ignorant.	ਇਕ ਥਾਂ ਸਭ ਕੁਝ ਪੜ੍ਹ ਕੇ ਆਪ ਹੀ ਸਮਝਦਾ ਹੈ ਤੇ ਇਕ ਥਾਂ ਆਪ ਹੀ ਬਾਲਕਾਂ ਨੂੰ ਇੰਞਾਣੇ ਕਰ ਦੇਂਦਾ ਹੈ।
24449	552	ਇਕਨਾ ਅੰਦਰਿ ਮਹਲਿ ਬੁਲਾਏ ਜਾ ਆਪਿ ਤੇਰੈ ਮਨਿ ਸਚੇ ਭਾਣੇ॥		Eikanaa Andhar Mehal Bulaaeae Jaa Aap Thaerai Man Sachae Bhaanae ||	Some, You summon to the Mansion of Your Presence within, when they are pleasing to Your Mind, O True Lord.	ਤੂੰ ਇਕਨਾਂ ਨੂੰ ਆਪਣੇ ਮਹਿਲ ਵਿਚ ਧੁਰ ਅੰਦਰ ਬੁਲਾ ਲੈਂਦਾ ਹੈਂ ਜਦੋਂ ਉਹ ਤੇਰੇ ਮਨ ਨੂੰ ਚੰਗੇ ਲੱਗਦੇ ਹਨ।
24450	553	ਜਿਨਾ ਆਪੇ ਗੁਰਮੁਖਿ ਦੇ ਵਡਿਆਈ ਸੇ ਜਨ ਸਚੀ ਦਰਗਹਿ ਜਾਣੇ॥੧੧॥		Jinaa Aapae Guramukh Dhae Vaddiaaee Sae Jan Sachee Dharagehi Jaanae ||11||	That Gurmukh, whom You have blessed with greatness - that humble being is known in Your True Court. ||11||	ਜਿਨ੍ਹਾਂ ਗੁਰਮੁਖਾਂ ਨੂੰ ਆਪ ਆਦਰ ਦੇਂਦਾ ਹੈਂ, ਉਹ ਸੱਚੀ ਦਰਗਾਹ ਵਿਚ ਪਰਗਟ ਹੋ ਜਾਂਦੇ ਹਨ ॥੧੧॥
24451	553	ਸਲੋਕੁ ਮਰਦਾਨਾ ੧॥	ਮਰਦਾਨਾ ਪਹਿਲਾ	Salok Maradhaanaa 1 ||	Shalok, Mardaanaa:	

24452	553	ਕਲਿ ਕਲਵਾਲੀ ਕਾਮੁ ਮਦੁ ਮਨੂਆ ਪੀਵਣਹਾਰੁ॥	ਸੱਕ ਗੁੜ ਆਦਿ ਦਾ (ਕਲਵਾਲੀ) ਸਾੜਾ ਜਿਸ ਚੋਂ ਸ਼ਰਾਬ ਕੱਢੀਦੀ ਹੈ ਅਥਵਾ ਮੱਟੀ	Kal Kalavaalee Kaam Madh Manooaa Peevanehaar ||	The Dark Age of Kali Yuga is the vessel, filled with the wine of sexual desire; the mind is the drunkard.	ਕਲਜੁਗੀ ਸੁਭਾਉ (ਮਾਨੋ) (ਸ਼ਰਾਬ ਕੱਢਣ ਵਾਲੀ) ਮੱਟੀ ਹੈ; ਕਾਮ (ਮਾਨੋ) ਸ਼ਰਾਬ ਹੈ ਤੇ ਇਸ ਨੂੰ ਪੀਣ ਵਾਲਾ (ਮਨੁੱਖ ਦਾ) ਮਨ ਹੈ।
24453	553	ਕ੍ਰੋਧ ਕਟੋਰੀ ਮੋਹਿ ਭਰੀ ਪੀਲਾਵਾ ਅਹੰਕਾਰੁ॥		Krodhh Kattoree Mohi Bharee Peelaavaa Ahankaar ||	Anger is the cup, filled with emotional attachment, and egotism is the server.	ਮੋਹ ਨਾਲ ਭਰੀ ਹੋਈ ਕ੍ਰੋਧ ਦੀ (ਮਾਨੋ) ਕਟੋਰੀ ਹੈ ਤੇ ਅਹੰਕਾਰ (ਮਾਨੋ) ਪਿਲਾਉਣ ਵਾਲਾ ਹੈ।
24454	553	ਮਜਲਸ ਕੂੜੇ ਲਬ ਕੀ ਪੀ ਪੀ ਹੋਇ ਖੁਆਰੁ॥	(ਮਜਲਸ) ਸਭਾ। ਲੱਬ	Majalas Koorrae Lab Kee Pee Pee Hoe Khuaar ||	Drinking too much in the company of falsehood and greed, one is ruined.	ਕੂੜੇ ਲੱਬ ਦੀ (ਮਾਨੋ) ਮਜਲਸ ਹੈ (ਜਿਸ ਵਿਚ ਬਹਿ ਕੇ) ਮਨ (ਕਾਮ ਦੀ ਸ਼ਰਾਬ ਨੂੰ) ਪੀ ਪੀ ਕੇ ਖ਼ੁਆਰ ਹੁੰਦਾ ਹੈ।
24455	553	ਕਰਣੀ ਲਾਹਣਿ ਸਤੁ ਗੁੜੁ ਸਚੁ ਸਰਾ ਕਰਿ ਸਾਰੁ॥	ਨਿਸ਼ਕਾਮ ਕਰਮਾ ਦੀਕਰਣੀ ਹੀ, ਕਿੱਕਰ ਸੱਕ ਗੁੜ ਧਾਵਿਆਂ ਦੇ ਫੁੱਲ ਫਟਕੜੀ ਆਦਿ ਦਾ (ਲਾਹਣਿ) ਘੋਲ। (ਸਰਾ) ਸ਼ਰਾਬ। (ਸੱਤੁ) ਸੱਚ	Karanee Laahan Sath Gurr Sach Saraa Kar Saar ||	So let good deeds be your distillery, and Truth your molasses; in this way, make the most excellent wine of Truth.	ਚੰਗੀ ਕਰਣੀ ਨੂੰ (ਸ਼ਰਾਬ ਕੱਢਣ ਵਾਲੀ) ਲਾਹਣ, ਸੱਚ ਬੋਲਣ ਨੂੰ ਗੁੜ ਬਣਾ ਕੇ ਸੱਚੇ ਨਾਮ ਨੂੰ ਸ੍ਰੇਸ਼ਟ ਸ਼ਰਾਬ ਬਣਾ!
24456	553	ਗੁਣ ਮੰਡੇ ਕਰਿ ਸੀਲੁ ਘਿਉ ਸਰਮੁ ਮਾਸੁ ਆਹਾਰੁ॥		Gun Manddae Kar Seel Ghio Saram Maas Aahaar ||	Make virtue your bread, good conduct the ghee, and modesty the meat to eat.	ਗੁਣਾਂ ਨੂੰ ਮੰਡੇ, ਸੀਤਲ ਸੁਭਾਉ ਨੂੰ ਘਿਉ ਤੇ ਸ਼ਰਮ ਨੂੰ ਮਾਸ ਵਾਲੀ (ਇਹ ਸਾਰੀ) ਖ਼ੁਰਾਕ ਬਣਾ!

24457	553	ਗੁਰਮੁਖਿ ਪਾਈਐ ਨਾਨਕਾ ਖਾਧੈ ਜਾਹਿ ਬਿਕਾਰ॥੧॥		Guramukh Paaeeai Naanakaa Khaadhhai Jaahi Bikaar ||1||	As Gurmukh, these are obtained, O Nanak; partaking of them, one's sins depart. ||1||	ਹੇ ਨਾਨਕ! ਇਹ ਖ਼ੁਰਾਕ ਸਤਿਗੁਰੂ ਦੇ ਸਨਮੁਖ ਹੋਇਆਂ ਮਿਲਦੀ ਹੈ ਤੇ ਇਸ ਦੇ ਖਾਧਿਆਂ ਸਾਰੇ ਵਿਕਾਰ ਦੂਰ ਹੋ ਜਾਂਦੇ ਹਨ ॥੧॥
24458	553	ਮਰਦਾਨਾ ੧॥	ਪਹਿਲਾ	Maradhaanaa 1 ||	Mardaanaa:	
24459	553	ਕਾਇਆ ਲਾਹਣਿ ਆਪੁ ਮਦੁ ਮਜਲਸ ਤ੍ਰਿਸਨਾ ਧਾਤੁ॥	(ਲਾਹਣਿ) ਮੱਟੀ ਸ਼ਰਾਬ ਕੱਢਣ ਵਾਲੀ। (ਆਪੁ) ਹੰਕਾਰ। (ਮਦੁ) ਸ਼ਰਾਬ। (ਮਜਲਸ) ਸਭਾ।ਮਜਲਸ:ਪੋਲਾ ਬੋਲੋ। (ਧਾਤੁ) ਦੌੜ ਭੱਜ	Kaaeiaa Laahan Aap Madh Majalas Thrisanaa Dhhaath ||	The human body is the vat, self-conceit is the wine, and desire is the company of drinking buddies.	ਸਰੀਰ (ਮਾਨੋ) (ਸ਼ਰਾਬ ਕੱਢਣ ਵਾਲੀ ਸਮਗਰੀ ਸਮੇਤ) ਮੱਟੀ ਹੈ, ਅਹੰਕਾਰ ਸ਼ਰਾਬ, ਤੇ ਤ੍ਰਿਸ਼ਨਾ ਵਿਚ ਭਟਕਣਾ (ਮਾਨੋ) ਮਹਿਫ਼ਲ ਹੈ।
24460	553	ਮਨਸਾ ਕਟੋਰੀ ਕੂੜਿ ਭਰੀ ਪੀਲਾਏ ਜਮਕਾਲੁ॥	(ਮਨਸਾ) ਵਾਸਨਾ	Manasaa Kattoree Koorr Bharee Peelaaeae Jamakaal ||	The cup of the mind's longing is overflowing with falsehood, and the Messenger of Death is the cup-bearer.	ਕੂੜ ਨਾਲ ਭਰੀ ਹੋਈ ਵਾਸ਼ਨਾਂ (ਮਾਨੋ) ਕਟੋਰੀ ਹੈ ਤੇ ਜਮ ਕਾਲ (ਮਾਨੋ) ਪਿਲਾਉਂਦਾ ਹੈ।
24461	553	ਇਤੁ ਮਦਿ ਪੀਤੈ ਨਾਨਕਾ ਬਹੁਤੇ ਖਟੀਅਹਿ ਬਿਕਾਰ॥	ਖੱਟੀਅਹਿ	Eith Madh Peethai Naanakaa Bahuthae Khatteeahi Bikaar ||	Drinking in this wine, O Nanak, one takes on countless sins and corruptions.	ਹੇ ਨਾਨਕ! ਇਸ ਸ਼ਰਾਬ ਦੇ ਪੀਤਿਆਂ ਬਹੁਤੇ ਵਿਕਾਰ ਖੱਟੇ ਜਾਂਦੇ ਹਨ (ਭਾਵ, ਅਹੰਕਾਰ ਤ੍ਰਿਸ਼ਨਾ ਕੂੜ ਆਦਿਕ ਦੇ ਕਾਰਨ ਵਿਕਾਰ ਹੀ ਵਿਕਾਰ ਪੈਦਾ ਹੋ ਰਹੇ ਹਨ)।

24462	553	ਗਿਆਨੁ ਗੁੜੁ ਸਾਲਾਹ ਮੰਡੇ ਭਉ ਮਾਸੁ ਆਹਾਰੁ॥		Giaan Gurr Saalaah Manddae Bho Maas Aahaar ||	So make spiritual wisdom your molasses, the Praise of God your bread, and the Fear of God the meat you eat.	ਪ੍ਰਭੂ ਦਾ ਗਿਆਨ (ਮਾਨੋ) ਗੁੜ ਹੋਵੇ, ਸਿਫ਼ਤ-ਸਾਲਾਹ ਰੋਟੀਆਂ ਤੇ (ਪ੍ਰਭੂ ਦਾ) ਡਰ ਮਾਸ, ਜੇ ਐਸੀ ਖ਼ੁਰਾਕ ਹੋਵੇ,
24463	553	ਨਾਨਕ ਇਹੁ ਭੋਜਨੁ ਸਚੁ ਹੈ ਸਚੁ ਨਾਮੁ ਆਧਾਰੁ॥੨॥		Naanak Eihu Bhojan Sach Hai Sach Naam Aadhhaar ||2||	O Nanak, this is the true food; let the True Name be your only Support. ||2||	ਤਾਂ ਹੇ ਨਾਨਕ! ਇਹ ਭੋਜਨ ਸੱਚਾ ਹੈ, ਕਿਉਂਕਿ ਸੱਚਾ ਨਾਮ ਹੀ (ਜ਼ਿੰਦਗੀ ਦਾ) ਆਸਰਾ ਹੋ ਸਕਦਾ ਹੈ ॥੨॥
24464	553	ਕਾਂਯਾਂ ਲਾਹਣਿ ਆਪੁ ਮਦੁ ਅੰਮ੍ਰਿਤ ਤਿਸ ਕੀ ਧਾਰ॥	ਕਾਂ–ਯਾਂ ਯਾਂ:ਤਾਲੂ ਚੋਂ ਬੋਲੋ	Kaanyaan Laahan Aap Madh Anmrith This Kee Dhhaar ||	If the human body is the vat, and self-realization is the wine, then a stream of Ambrosial Nectar is produced.	(ਜੇ) ਸਰੀਰ ਮੱਟੀ ਹੋਵੇ, ਆਪੇ ਦੀ ਪਛਾਣ ਸ਼ਰਾਬ ਹੋਵੇ ਜਿਸ ਦੀ ਧਾਰ ਅਮਰ ਕਰਨ ਵਾਲੀ ਹੋਵੇ,
24465	553	ਸਤਸੰਗਤਿ ਸਿਉ ਮੇਲਾਪੁ ਹੋਇ ਲਿਵ ਕਟੋਰੀ ਅੰਮ੍ਰਿਤ ਭਰੀ ਪੀ ਪੀ ਕਟਹਿ ਬਿਕਾਰ॥੩॥		Sathasangath Sio Maelaap Hoe Liv Kattoree Anmrith Bharee Pee Pee Kattehi Bikaar ||3||	Meeting with the Society of the Saints, the cup of the Lord's Love is filled with this Ambrosial Nectar; drinking it in, one's corruptions and sins are wiped away. ||3||	ਸਤਸੰਗਤ ਨਾਲ ਮੇਲ ਹੋਵੇ, ਕਟੋਰੀ ਅੰਮ੍ਰਿਤ (ਨਾਮ) ਦੀ ਭਰੀ ਹੋਈ ਲਿਵ (ਰੂਪ) ਹੋਵੇ, ਤਾਂ (ਇਸ ਨੂੰ) ਪੀ ਪੀ ਕੇ ਸਾਰੇ ਵਿਕਾਰ ਪਾਪ ਦੂਰ ਹੁੰਦੇ ਹਨ ॥੩॥
24466	553	ਪਉੜੀ॥		Pourree ||	Pauree:	

24467	553	ਆਪੇ ਸੁਰਿ ਨਰ ਗਣ ਗੰਧਰਬਾ ਆਪੇ ਖਟ ਦਰਸਨ ਕੀ ਬਾਣੀ॥		Aapae Sur Nar Gan Gandhharabaa Aapae Khatt Dharasan Kee Baanee ||	He Himself is the angelic being, the heavenly herald, and the celestial singer. He Himself is the one who explains the six schools of philosophy.	ਪ੍ਰਭੂ ਆਪ ਹੀ ਦੇਵਤੇ, ਮਨੁੱਖ, (ਸ਼ਿਵ ਜੀ ਦੇ) ਗਣ, ਦੇਵਤਿਆਂ ਦੇ ਰਾਗੀ, ਅਤੇ ਆਪ ਹੀ ਛੇ ਦਰਸ਼ਨਾਂ ਦੀ ਬੋਲੀ (ਬਨਾਣ ਵਾਲਾ) ਹੈ।
24468	553	ਆਪੇ ਸਿਵ ਸੰਕਰ ਮਹੇਸਾ ਆਪੇ ਗੁਰਮੁਖਿ ਅਕਥ ਕਹਾਣੀ॥	ਅ-ਕਥ:ਪੋਲਾ ਬੋਲੋ	Aapae Siv Sankar Mehaesaa Aapae Guramukh Akathh Kehaanee ||	He Himself is Shiva, Shankara and Mahaysh; He Himself is the Gurmukh, who speaks the Unspoken Speech.	ਆਪ ਹੀ ਸ਼ਿਵ, ਸ਼ੰਕਰ ਤੇ ਮਹੇਸ਼ (ਦਾ ਕਰਤਾ) ਹੈ, ਆਪ ਹੀ ਗੁਰੂ ਦੇ ਸਨਮੁਖ ਹੋ ਕੇ ਆਪਣੇ ਅਕੱਥ ਸਰੂਪ ਦੀਆਂ ਵਡਿਆਈਆਂ (ਕਰਦਾ ਹੈ)।
24469	553	ਆਪੇ ਜੋਗੀ ਆਪੇ ਭੋਗੀ ਆਪੇ ਸੰਨਿਆਸੀ ਫਿਰੈ ਬਿਬਾਣੀ॥	(ਬਿਬਾਣੀ) ਉਜਾੜ	Aapae Jogee Aapae Bhogee Aapae Sanniaasee Firai Bibaanee ||	He Himself is the Yogi, He Himself is the Sensual Enjoyer, and He Himself is the Sannyaasee, wandering through the wilderness.	ਆਪ ਹੀ ਜੋਗ ਦੀ ਸਾਧਨਾ ਕਰਨ ਵਾਲਾ ਹੈ, ਆਪ ਹੀ ਭੋਗਾਂ ਵਿਚ ਪਰਵਿਰਤ ਹੈ ਤੇ ਆਪ ਹੀ ਸੰਨਿਆਸੀ ਬਣ ਕੇ ਉਜਾੜਾਂ ਵਿਚ ਫਿਰਦਾ ਹੈ।
24470	553	ਆਪੈ ਨਾਲਿ ਗੋਸਟਿ ਆਪਿ ਉਪਦੇਸੈ ਆਪੇ ਸੁਘੜੁ ਸਰੂਪੁ ਸਿਆਣੀ॥		Aapai Naal Gosatt Aap Oupadhaesai Aapae Sugharr Saroop Siaanee ||	He discusses with Himself, and He teaches Himself; He Himself is discrete, graceful and wise.	ਆਪ ਹੀ ਆਪਣੇ ਨਾਲ ਚਰਚਾ ਕਰਦਾ ਹੈ, ਆਪ ਹੀ ਉਪਦੇਸ਼ ਕਰਦਾ ਹੈ, ਆਪ ਹੀ ਸਿਆਣੀ ਮੱਤ ਵਾਲਾ ਸੁੰਦਰ ਸਰੂਪ ਵਾਲਾ ਹੈ।

24471	553	ਆਪਣਾ ਚੋਜੁ ਕਰਿ ਵੇਖੈ ਆਪੇ ਆਪੇ ਸਭਨਾ ਜੀਆ ਕਾ ਹੈ ਜਾਣੀ॥੧੨॥		Aapanaa Choj Kar Vaekhai Aapae Aapae Sabhanaa Jeeaa Kaa Hai Jaanee ||12||	Staging His own play, He Himself watches it; He Himself is the Knower of all beings. ||12||	ਆਪਣਾ ਕੌਤਕ ਕਰ ਕੇ ਆਪ ਹੀ ਵੇਖਦਾ ਹੈ ਤੇ ਆਪ ਹੀ ਸਾਰੇ ਜੀਵਾਂ ਦੇ ਹਿਰਦੇ ਦੀ ਜਾਣਨ ਵਾਲਾ ਹੈ ॥੧੨॥
24472	553	ਸਲੋਕੁ ਮਃ ੩॥		Salok Ma 3 ||	Shalok, Third Mehl:	
24473	553	ਏਹਾ ਸੰਧਿਆ ਪਰਵਾਣੁ ਹੈ ਜਿਤੁ ਹਰਿ ਪ੍ਰਭੁ ਮੇਰਾ ਚਿਤਿ ਆਵੈ॥		Eaehaa Sandhhiaa Paravaan Hai Jith Har Prabh Maeraa Chith Aavai ||	That evening prayer alone is acceptable, which brings the Lord God to my consciousness.	ਉਹੋ ਸੰਧਿਆ (ਸਵੇਰ ਦੁਪਹਿਰ ਤੇ ਸ਼ਾਮ ਦੀ ਪੂਜਾ) ਕਬੂਲ ਹੈ ਜਿਸ ਨਾਲ ਪਿਆਰਾ ਪ੍ਰਭੂ ਹਿਰਦੇ ਵਿਚ ਵੱਸ ਪਏ,
24474	553	ਹਰਿ ਸਿਉ ਪ੍ਰੀਤਿ ਉਪਜੈ ਮਾਇਆ ਮੋਹੁ ਜਲਾਵੈ॥		Har Sio Preeth Oopajai Maaeiaa Mohu Jalaavai ||	Love for the Lord wells up within me, and my attachment to Maya is burnt away.	ਪ੍ਰਭੂ ਨਾਲ ਪਿਆਰ ਪੈਦਾ ਹੋ ਜਾਵੇ ਤੇ ਮਾਇਆ ਦਾ ਮੋਹ ਸੜ ਜਾਏ।
24475	553	ਗੁਰ ਪਰਸਾਦੀ ਦੁਬਿਧਾ ਮਰੈ ਮਨੂਆ ਅਸਥਿਰੁ ਸੰਧਿਆ ਕਰੇ ਵੀਚਾਰੁ॥		Gur Parasaadhee Dhubidhhaa Marai Manooaa Asathhir Sandhhiaa Karae Veechaar ||	By Guru's Grace, duality is conquered, and the mind becomes stable; I have made contemplative meditation my evening prayer.	ਸਤਿਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੀ ਦੁਬਿਧਾ ਦੂਰ ਹੋਵੇ, ਮਨ ਟਿਕ ਜਾਏ, ਉਹ ਸੰਧਿਆ ਦੀ (ਸੱਚੀ) ਵਿਚਾਰ ਕਰਦਾ ਹੈ।

24476	553	ਨਾਨਕ ਸੰਧਿਆ ਕਰੈ ਮਨਮੁਖੀ ਜੀਉ ਨ ਟਿਕੈ ਮਰਿ ਜੰਮੈ ਹੋਇ ਖੁਆਰੁ॥੧॥		Naanak Sandhhiaa Karai Manamukhee Jeeo N Ttikai Mar Janmai Hoe Khuaar ||1||	O Nanak, the self-willed manmukh may recite his evening prayers, but his mind is not centered on it; through birth and death, he is ruined. ||1||	ਹੇ ਨਾਨਕ! ਮਨਮੁਖ ਸੰਧਿਆ ਕਰਦਾ ਹੈ, (ਪਰ) ਉਸ ਦਾ ਮਨ ਟਿਕਦਾ ਨਹੀਂ, (ਇਸ ਵਾਸਤੇ) ਜੰਮਦਾ ਮਰਦਾ ਹੈ ਤੇ ਖ਼ੁਆਰ ਹੁੰਦਾ ਹੈ ॥੧॥
24477	553	ਮਃ ੩॥		Ma 3 ||	Third Mehl:	
24478	553	ਪ੍ਰਿਉ ਪ੍ਰਿਉ ਕਰਤੀ ਸਭੁ ਜਗੁ ਫਿਰੀ ਮੇਰੀ ਪਿਆਸ ਨ ਜਾਇ॥		Prio Prio Karathee Sabh Jag Firee Maeree Piaas N Jaae ||	I wandered over the whole world, crying out, ""Love, O Love!"", but my thirst was not quenched.	'ਪਿਆਰਾ ਪਿਆਰਾ' ਕੂਕਦੀ ਮੈਂ ਸਾਰਾ ਸੰਸਾਰ ਫਿਰੀ, ਪਰ ਮੇਰੀ ਪਿਆਸ ਦੂਰ ਨਹੀਂ ਸੀ ਹੋਈ।
24479	553	ਨਾਨਕ ਸਤਿਗੁਰਿ ਮਿਲਿਐ ਮੇਰੀ ਪਿਆਸ ਗਈ ਪਿਰੁ ਪਾਇਆ ਘਰਿ ਆਇ॥੨॥		Naanak Sathigur Miliai Maeree Piaas Gee Pir Paaeiaa Ghar Aae ||2||	O Nanak, meeting the True Guru, my desires are satisfied; I found my Beloved, when I returned to my own home. ||2||	ਹੇ ਨਾਨਕ! ਸਤਿਗੁਰੂ ਨੂੰ ਮਿਲਿਆਂ ਮੇਰੀ ਪਿਆਸ ਦੂਰ ਹੋ ਗਈ ਹੈ, ਘਰ ਵਿਚ ਆ ਕੇ ਪਿਆਰਾ ਪਤੀ ਲੱਭ ਲਿਆ ਹੈ ॥੨॥
24480	553	ਪਉੜੀ॥		Pourree ||	Pauree:	

24481	553	ਆਪੇ ਤੰਤੁ ਪਰਮਤੰਤੁ ਸਭੁ ਆਪੇ ਆਪੇ ਠਾਕੁਰੁ ਦਾਸੁ ਭਇਆ॥		Aapae Thanth Param Thanth Sabh Aapae Aapae Thaakur Dhaas Bhaeiaa ||	He Himself is the supreme essence, He Himself is the essence of all. He Himself is the Lord and Master, and He Himself is the servant.	ਛੋਟੀ ਤਾਰ (ਭਾਵ, ਜੀਵ) ਵੱਡੀ ਤਾਰ (ਭਾਵ, ਪਰਮੇਸ਼ਵਰ), ਸਭ ਕੁਝ ਪ੍ਰਭੂ ਆਪ ਹੀ ਹੈ, ਆਪ ਹੀ ਠਾਕੁਰ ਤੇ ਆਪ ਹੀ ਦਾਸ ਹੈ।
24482	553	ਆਪੇ ਦਸ ਅਠ ਵਰਨ ਉਪਾਇਅਨੁ ਆਪਿ ਬ੍ਰਹਮੁ ਆਪਿ ਰਾਜੁ ਲਇਆ॥		Aapae Dhas Ath Varan Oupaaeian Aap Breham Aap Raaj Laeiaa ||	He Himself created the people of the eighteen castes; God Himself acquired His domain.	ਪ੍ਰਭੂ ਨੇ ਆਪ ਹੀ ਅਠਾਰਾਂ ਵਰਣ ਬਣਾਏ, ਆਪ ਹੀ ਬ੍ਰਹਮ ਹੈ ਤੇ ਆਪ ਹੀ (ਸ੍ਰਿਸ਼ਟੀ ਦਾ) ਰਾਜ ਉਸ ਨੇ ਲਿਆ ਹੈ।
24483	553	ਆਪੇ ਮਾਰੇ ਆਪੇ ਛੋਡੈ ਆਪੇ ਬਖਸੇ ਕਰੇ ਦਇਆ॥		Aapae Maarae Aapae Shhoddai Aapae Bakhasae Karae Dhaeiaa ||	He Himself kills, and He Himself redeems; He Himself, in His Kindness, forgives us. He is infallible	(ਜੀਵਾਂ ਨੂੰ) ਆਪ ਹੀ ਮਾਰਦਾ ਹੈ ਆਪ ਹੀ ਛੱਡਦਾ ਹੈ, ਆਪ ਹੀ ਬਖ਼ਸ਼ਦਾ ਹੈ ਤੇ ਆਪ ਹੀ ਮੇਹਰ ਕਰਦਾ ਹੈ।
24484	553	ਆਪਿ ਅਭੁਲੁ ਨ ਭੁਲੈ ਕਬ ਹੀ ਸਭੁ ਸਚੁ ਤਪਾਵਸੁ ਸਚੁ ਥਿਆ॥	(ਤਪਾਵਸੁ) ਨਿਆਂ। ਅ-ਭੁੱਲੁ	Aap Abhul N Bhulai Kab Hee Sabh Sach Thapaavas Sach Thhiaa ||	- He never errs; the justice of the True Lord is totally True.	ਪ੍ਰਭੂ ਆਪ ਅਭੁੱਲ ਹੈ, ਕਦੇ ਭੁੱਲਦਾ ਨਹੀਂ, ਉਸ ਦਾ ਇਨਸਾਫ਼ ਭੀ ਨਿਰੋਲ ਸੱਚ ਹੈ।

24485	553	ਆਪੇ ਜਿਨਾ ਬੁਝਾਏ ਗੁਰਮੁਖਿ ਤਿਨ ਅੰਦਰਹੁ ਦੂਜਾ ਭਰਮੁ ਗਇਆ॥੧੩॥	ਬੁੱਝਾਏ	Aapae Jinaa Bujhaaeae Guramukh Thin Andharahu Dhoojaa Bharam Gaeiaa ||13||	Those whom the Lord Himself instructs as Gurmukh - duality and doubt depart from within them. ||13||	ਸਤਿਗੁਰੂ ਦੀ ਰਾਹੀਂ ਜਿਨ੍ਹਾਂ ਨੂੰ ਆਪ ਸਮਝਾ ਦੇਂਦਾ ਹੈ ਉਹਨਾਂ ਦੇ ਹਿਰਦੇ ਵਿਚੋਂ ਮਾਇਆ ਦੀ ਭਟਕਣਾ ਦੂਰ ਹੋ ਜਾਂਦੀ ਹੈ ॥੧੩॥
24486	553	ਸਲੋਕੁ ਮਃ ੫॥		Salok Ma 5 ||	Shalok, Fifth Mehl:	
24487	553	ਹਰਿ ਨਾਮੁ ਨ ਸਿਮਰਹਿ ਸਾਧਸੰਗਿ ਤੈ ਤਨਿ ਉਡੈ ਖੇਹ॥		Har Naam N Simarehi Saadhhasang Thai Than Ouddai Khaeh ||	That body, which does not remember the Lord's Name in meditation in the Saadh Sangat, the Company of the Holy, shall be reduced to dust.	ਜੋ ਮਨੁੱਖ ਸਾਧ ਸੰਗਤ ਵਿਚ ਹਰੀ ਦਾ ਨਾਮ ਨਹੀਂ ਸਿਮਰਦੇ, ਉਹਨਾਂ ਦੇ ਸਰੀਰ ਤੇ ਸੁਆਹ ਪੈਂਦੀ ਹੈ, (ਭਾਵ, ਉਹਨਾਂ ਦੇ ਸਰੀਰ ਨੂੰ ਫਿਟਕਾਰ ਪੈਂਦੀ ਹੈ)।
24488	553	ਜਿਨਿ ਕੀਤੀ ਤਿਸੈ ਨ ਜਾਣਈ ਨਾਨਕ ਫਿਟੁ ਅਲੂਣੀ ਦੇਹ॥੧॥	(ਅਲੂਣੀ) ਪ੍ਰੇਮ ਰਹਿਤ	Jin Keethee Thisai N Jaanee Naanak Fitt Aloonee Dhaeh ||1||	Cursed and insipid is that body, O Nanak, which does not know the One who created it. ||1||	ਹੇ ਨਾਨਕ! ਪ੍ਰੇਮ ਤੋਂ ਸੱਖਣੇ ਉਸ ਸਰੀਰ ਨੂੰ ਧਿੱਕਾਰ ਹੈ, ਜੋ ਉਸ ਪ੍ਰਭੂ ਨੂੰ ਨਹੀਂ ਪਛਾਣਦਾ ਜਿਸ ਨੇ ਉਸ ਨੂੰ ਬਣਾਇਆ ਹੈ ॥੧॥
24489	554	ਮਃ ੫॥		Ma 5 ||	Fifth Mehl:	

24490	554	ਘਟਿ ਵਸਹਿ ਚਰਣਾਰਬਿੰਦ ਰਸਨਾ ਜਪੈ ਗੁਪਾਲ॥		Ghatt Vasehi Charanaarabindh Rasanaa Japai Gupaal ||	Let the Lotus Feet of the Lord abide within your heart, and with your tongue, chant God's Name.	ਹਿਰਦੇ ਵਿਚ ਪ੍ਰਭੂ ਦੇ ਚਰਨ ਕਮਲ ਵਸਾਈਏ ਤੇ ਜੀਭ ਨਾਲ ਹਰੀ ਨੂੰ ਜਪੀਏ!
24491	554	ਨਾਨਕ ਸੋ ਪ੍ਰਭੁ ਸਿਮਰੀਐ ਤਿਸੁ ਦੇਹੀ ਕਉ ਪਾਲਿ॥੨॥		Naanak So Prabh Simareeai This Dhaehee Ko Paal ||2||	O Nanak, meditate in remembrance on God, and nurture this body. ||2||	ਹੇ ਨਾਨਕ! ਉਸ ਪ੍ਰਭੂ ਦਾ ਨਾਮ ਜਪੀਏ ਜਿਸ ਨੇ ਸਰੀਰ ਨੂੰ ਪਾਲਿਆ ਹੈ ॥੨॥
24492	554	ਪਉੜੀ॥		Pourree ||	Pauree:	
24493	554	ਆਪੇ ਅਠਸਠਿ ਤੀਰਥ ਕਰਤਾ ਆਪਿ ਕਰੇ ਇਸਨਾਨੁ॥	ਅੱਠਸੱਠਿ	Aapae Athasath Theerathh Karathaa Aap Karae Eisanaan ||	The Creator Himself is the sixty-eight sacred places of pilgrimage; He Himself takes the cleansing bath in them.	ਪ੍ਰਭੂ ਆਪ ਹੀ ਅਠਾਹਠ ਤੀਰਥਾਂ ਦਾ ਕਰਨ ਵਾਲਾ ਹੈ, ਆਪ ਹੀ (ਉਹਨਾਂ ਤੀਰਥਾਂ ਤੇ) ਇਸ਼ਨਾਨ ਕਰਦਾ ਹੈ।
24494	554	ਆਪੇ ਸੰਜਮਿ ਵਰਤੈ ਸ੍ਵਾਮੀ ਆਪਿ ਜਪਾਇਹਿ ਨਾਮੁ॥		Aapae Sanjam Varathai Svaamee Aap Japaaeihi Naam ||	He Himself practices austere self-discipline; the Lord Master Himself causes us to chant His Name.	ਮਾਲਕ ਆਪ ਹੀ ਜੁਗਤੀ ਵਿਚ ਵਰਤਦਾ ਹੈ ਤੇ ਆਪ ਹੀ ਨਾਮ ਜਪਾਉਂਦਾ ਹੈ।

24495	554	ਆਪਿ ਦਇਆਲੁ ਹੋਇ ਭਉ ਖੰਡਨੁ ਆਪਿ ਕਰੈ ਸਭੁ ਦਾਨੁ॥		Aap Dhaeiaal Hoe Bho Khanddan Aap Karai Sabh Dhaan ||	He Himself becomes merciful to us; the Destroyer of fear Himself gives in charity to all.	ਭਉ ਦੂਰ ਕਰਨ ਵਾਲਾ ਪ੍ਰਭੂ ਆਪ ਹੀ ਦਇਆਲ ਹੁੰਦਾ ਹੈ ਤੇ ਆਪ ਹੀ ਸਭ ਤਰ੍ਹਾਂ ਦਾ ਦਾਨ ਕਰਦਾ ਹੈ।
24496	554	ਜਿਸ ਨੋ ਗੁਰਮੁਖਿ ਆਪਿ ਬੁਝਾਏ ਸੋ ਸਦ ਹੀ ਦਰਗਹਿ ਪਾਏ ਮਾਨੁ॥		Jis No Guramukh Aap Bujhaaeae So Sadh Hee Dharagehi Paaeae Maan ||	One whom He has enlightened and made Gurmukh, ever obtains honor in His Court.	ਜਿਸ ਮਨੁੱਖ ਨੂੰ ਸਤਿਗੁਰੂ ਦੀ ਰਾਹੀਂ ਸਮਝ ਬਖ਼ਸ਼ਦਾ ਹੈ, ਉਹ ਸਦਾ ਦਰਗਾਹ ਵਿਚ ਆਦਰ ਪਾਉਂਦਾ ਹੈ।
24497	554	ਜਿਸ ਦੀ ਪੈਜ ਰਖੈ ਹਰਿ ਸੁਆਮੀ ਸੋ ਸਚਾ ਹਰਿ ਜਾਨੁ॥੧੪॥		Jis Dhee Paij Rakhai Har Suaamee So Sachaa Har Jaan ||14||	One whose honor the Lord Master has preserved, comes to know the True Lord. ||14||	ਜਿਸ ਦੀ ਲਾਜ ਆਪ ਰੱਖਦਾ ਹੈ, ਉਹ ਰੱਬ ਦਾ ਪਿਆਰਾ ਸੇਵਕ ਰੱਬ ਦਾ ਰੂਪ ਹੈ ॥੧੪॥
24498	554	ਸਲੋਕੁ ਮਃ ੩॥		Salok Ma 3 ||	Shalok, Third Mehl:	
24499	554	ਨਾਨਕ ਬਿਨੁ ਸਤਿਗੁਰ ਭੇਟੇ ਜਗੁ ਅੰਧੁ ਹੈ ਅੰਧੇ ਕਰਮ ਕਮਾਇ॥		Naanak Bin Sathigur Bhaettae Jag Andhh Hai Andhhae Karam Kamaae ||	O Nanak, without meeting the True Guru, the world is blind, and it does blind deeds.	ਹੇ ਨਾਨਕ! ਗੁਰੂ ਨੂੰ ਮਿਲਣ ਤੋਂ ਬਿਨਾ ਸੰਸਾਰ ਅੰਨ੍ਹਾ ਹੈ ਤੇ ਅੰਨ੍ਹੇ ਹੀ ਕੰਮ ਕਰਦਾ ਹੈ।

24500	554	ਸਬਦੈ ਸਿਉ ਚਿਤੁ ਨ ਲਾਵਈ ਜਿਤੁ ਸੁਖੁ ਵਸੈ ਮਨਿ ਆਇ॥		Sabadhai Sio Chith N Laavee Jith Sukh Vasai Man Aae ||	It does not focus its consciousness on the Word of the Shabad, which would bring peace to abide in the mind.	ਸਤਿਗੁਰੂ ਦੇ ਸ਼ਬਦ ਨਾਲ ਮਨ ਨਹੀਂ ਜੋੜਦਾ ਜਿਸ ਕਰਕੇ ਹਿਰਦੇ ਵਿਚ ਸੁਖ ਆ ਵੱਸੇ।
24501	554	ਤਾਮਸਿ ਲਗਾ ਸਦਾ ਫਿਰੈ ਅਹਿ ਨਿਸਿ ਜਲਤੁ ਬਿਹਾਇ॥		Thaamas Lagaa Sadhaa Firai Ahinis Jalath Bihaae ||	Always afflicted with the dark passions of low energy, it wanders around, passing its days and nights burning.	ਤਮੋ ਗੁਣ ਵਿਚ ਮਸਤ ਹੋਇਆ ਹੋਇਆ ਸਦਾ ਭਟਕਦਾ ਹੈ ਤੇ ਦਿਨ ਰਾਤ (ਤਮੋ ਗੁਣ ਵਿਚ) ਸੜਦਿਆਂ (ਉਸ ਦੀ ਉਮਰ) ਗੁਜ਼ਰਦੀ ਹੈ।
24502	554	ਜੋ ਤਿਸੁ ਭਾਵੈ ਸੋ ਥੀਐ ਕਹਣਾ ਕਿਛੂ ਨ ਜਾਇ॥੧॥		Jo This Bhaavai So Thheeai Kehanaa Kishhoo N Jaae ||1||	Whatever pleases Him, comes to pass; no one has any say in this. ||1||	(ਇਸ ਬਾਰੇ) ਕੁਝ ਆਖਿਆ ਨਹੀਂ ਜਾ ਸਕਦਾ, ਜੋ ਪ੍ਰਭੂ ਨੂੰ ਚੰਗਾ ਲੱਗਦਾ ਹੈ, ਸੋਈ ਹੁੰਦਾ ਹੈ ॥੧॥
24503	554	ਮਃ ੩॥		Ma 3 ||	Third Mehl:	
24504	554	ਸਤਿਗੁਰੂ ਫੁਰਮਾਇਆ ਕਾਰੀ ਏਹ ਕਰੇਹੁ॥		Sathiguroo Furamaaeiaa Kaaree Eaeh Karaehu ||	The True Guru has commanded us to do this:	ਸਤਿਗੁਰੂ ਨੇ ਹੁਕਮ ਦਿੱਤਾ ਹੈ (ਭਰਮ ਦਾ ਛਉੜ ਕੱਟਣ ਲਈ) ਇਹ ਕਾਰ (ਭਾਵ, ਇਲਾਜ) ਕਰੋ।
24505	554	ਗੁਰੂ ਦੁਆਰੈ ਹੋਇ ਕੈ ਸਾਹਿਬੁ ਸੰਮਾਲੇਹੁ॥		Guroo Dhuaarai Hoe Kai Saahib Sanmaalaehu ||	Through the Guru's Gate, meditate on the Lord Master.	ਗੁਰੂ ਦੇ ਦਰ ਤੇ ਜਾ ਕੇ (ਭਾਵ, ਗੁਰੂ ਦੀ ਚਰਨੀਂ ਲੱਗ ਕੇ), ਮਾਲਕ ਨੂੰ ਯਾਦ ਕਰੋ।

24506	554	ਸਾਹਿਬੁ ਸਦਾ ਹਜੂਰਿ ਹੈ ਭਰਮੈ ਕੇ ਛਉੜ ਕਟਿ ਕੈ ਅੰਤਰਿ ਜੋਤਿ ਧਰੇਹੁ॥	(ਛਉੜ) ਜਾਲ਼ੇ। ਕੱਟਿ	Saahib Sadhaa Hajoor Hai Bharamai Kae Shhourr Katt Kai Anthar Joth Dhharaehu ||	The Lord Master is ever-present. He tears away the veil of doubt, and installs His Light within the mind.	ਮਾਲਕ ਸਦਾ ਅੰਗ ਸੰਗ ਹੈ, (ਅੱਖਾਂ ਅਗੋਂ) ਭਰਮ ਦੇ ਜਾਲੇ ਨੂੰ ਲਾਹ ਕੇ ਹਿਰਦੇ ਵਿਚ ਉਸ ਦੀ ਜੋਤ ਟਿਕਾਉ।
24507	554	ਹਰਿ ਕਾ ਨਾਮੁ ਅੰਮ੍ਰਿਤੁ ਹੈ ਦਾਰੂ ਏਹੁ ਲਾਏਹੁ॥		Har Kaa Naam Anmrith Hai Dhaaroo Eaehu Laaeaehu ||	The Name of the Lord is Ambrosial Nectar - take this healing medicine!	ਹਰੀ ਦਾ ਨਾਮ ਅਮਰ ਕਰਨ ਵਾਲਾ ਹੈ, ਇਹ ਦਾਰੂ ਵਰਤੋ।
24508	554	ਸਤਿਗੁਰ ਕਾ ਭਾਣਾ ਚਿਤਿ ਰਖਹੁ ਸੰਜਮੁ ਸਚਾ ਨੇਹੁ॥		Sathigur Kaa Bhaanaa Chith Rakhahu Sanjam Sachaa Naehu ||	Enshrine the Will of the True Guru in your consciousness, and make the True Lord's Love your self-discipline.	ਸਤਿਗੁਰੂ ਦਾ ਭਾਣਾ (ਮੰਨਣਾ) ਚਿਤ ਵਿਚ ਰੱਖੋ ਤੇ ਸਚਾ ਪਿਆਰ (ਰੂਪ) ਰਹਿਣੀ ਧਾਰਨ ਕਰੋ।
24509	554	ਨਾਨਕ ਐਥੈ ਸੁਖੈ ਅੰਦਰਿ ਰਖਸੀ ਅਗੈ ਹਰਿ ਸਿਉ ਕੇਲ ਕਰੇਹੁ॥੨॥		Naanak Aithhai Sukhai Andhar Rakhasee Agai Har Sio Kael Karaehu ||2||	O Nanak, you shall be kept in peace here, and hereafter, you shall celebrate with the Lord. ||2||	ਹੇ ਨਾਨਕ! (ਇਹ ਦਾਰੂ) ਏਥੇ (ਸੰਸਾਰ ਵਿਚ) ਸੁਖੀ ਰਖੇਗਾ ਤੇ ਅੱਗੇ (ਪਰਲੋਕ ਵਿਚ) ਹਰੀ ਨਾਲ ਰਲੀਆਂ ਮਾਣੋਗੇ ॥੨॥
24510	554	ਪਉੜੀ॥		Pourree ||	Pauree:	

24511	554	ਆਪੇ ਭਾਰ ਅਠਾਰਹ ਬਣਸਪਤਿ ਆਪੇ ਹੀ ਫਲ ਲਾਏ॥	ਬ-ਣਸਪਤਿ	Aapae Bhaar Athaareh Banasapath Aapae Hee Fal Laaeae ||	He Himself is the vast variety of Nature, and He Himself makes it bear fruit.	ਪ੍ਰਭੂ ਆਪ ਹੀ ਬਨਸਪਤੀ ਦੇ ਅਠਾਰਾਂ ਭਾਰ ਹੈ (ਭਾਵ, ਸਾਰੀ ਸ੍ਰਿਸ਼ਟੀ ਦੀ ਬਨਸਪਤੀ ਆਪ ਹੀ ਹੈ), ਆਪ ਹੀ ਉਸ ਨੂੰ ਫਲ ਲਾਉਂਦਾ ਹੈ।
24512	554	ਆਪੇ ਮਾਲੀ ਆਪਿ ਸਭੁ ਸਿੰਚੈ ਆਪੇ ਹੀ ਮੁਹਿ ਪਾਏ॥		Aapae Maalee Aap Sabh Sinchai Aapae Hee Muhi Paaeae ||	He Himself is the Gardener, He Himself irrigates all the plants, and He Himself puts them in His mouth.	ਆਪ ਹੀ ਮਾਲੀ ਹੈ, ਆਪ ਹੀ ਪਾਣੀ ਦੇਂਦਾ ਹੈ ਤੇ ਆਪ ਹੀ (ਫਲ) ਖਾਂਦਾ ਹੈ।
24513	554	ਆਪੇ ਕਰਤਾ ਆਪੇ ਭੁਗਤਾ ਆਪੇ ਦੇਇ ਦਿਵਾਏ॥	ਦੇ-ਇ	Aapae Karathaa Aapae Bhugathaa Aapae Dhaee Dhivaaeae ||	He Himself is the Creator, and He Himself is the Enjoyer; He Himself gives, and causes others to give.	ਆਪ ਹੀ ਕਰਨ ਵਾਲਾ ਹੈ, ਆਪ ਹੀ ਭੋਗਣ ਵਾਲਾ ਹੈ, ਆਪ ਹੀ ਦੇਂਦਾ ਹੈ ਤੇ ਆਪ ਹੀ ਦਿਵਾਉਂਦਾ ਹੈ।
24514	554	ਆਪੇ ਸਾਹਿਬੁ ਆਪੇ ਹੈ ਰਾਖਾ ਆਪੇ ਰਹਿਆ ਸਮਾਏ॥		Aapae Saahib Aapae Hai Raakhaa Aapae Rehiaa Samaaeae ||	He Himself is the Lord and Master, and He Himself is the Protector; He Himself is permeating and pervading everywhere.	ਮਾਲਕ ਭੀ ਆਪ ਹੈ ਤੇ ਰਾਖਾ ਭੀ ਆਪ ਹੈ, ਆਪ ਹੀ ਸਭ ਥਾਈਂ ਵਿਆਪਕ ਹੈ।

24515	554	ਜਨੁ ਨਾਨਕ ਵਡਿਆਈ ਆਖੈ ਹਰਿ ਕਰਤੇ ਕੀ ਜਿਸ ਨੋ ਤਿਲੁ ਨ ਤਮਾਏ॥੧੫॥	(ਤਮਾਏ) ਲਾਲਚ	Jan Naanak Vaddiaaee Aakhai Har Karathae Kee Jis No Thil N Thamaaeae ||15||	Servant Nanak speaks of the greatness of the Lord, the Creator, who has no greed at all. ||15||	ਸੇਵਕ ਨਾਨਕ ਉਸ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ ਜੋ ਸਾਰੀ ਸ੍ਰਿਸ਼ਟੀ ਦਾ ਕਰਤਾ ਹੈ ਪਰ ਉਸ ਨੂੰ ਰਤਾ ਮਾਤ੍ਰ ਕੋਈ ਤਮ੍ਹਾ ਨਹੀਂ ਹੈ ॥੧੫॥
24516	554	ਸਲੋਕ ਮਃ ੩॥		Salok Ma 3 ||	Shalok, Third Mehl:	
24517	554	ਮਾਣਸੁ ਭਰਿਆ ਆਣਿਆ ਮਾਣਸੁ ਭਰਿਆ ਆਇ॥		Maanas Bhariaa Aaniaa Maanas Bhariaa Aae ||	One person brings a full bottle, and another fills his cup.	ਮਨੁੱਖ ਸ਼ਰਾਬ ਨਾਲ ਭਰਿਆ ਹੋਇਆ ਭਾਂਡਾ ਲਿਆਉਂਦਾ ਹੈ ਜਿਸ ਵਿਚੋਂ ਹੋਰ ਆ ਕੇ ਪਿਆਲਾ ਭਰ ਲੈਂਦਾ ਹੈ।
24518	554	ਜਿਤੁ ਪੀਤੈ ਮਤਿ ਦੂਰਿ ਹੋਇ ਬਰਲੁ ਪਵੈ ਵਿਚਿ ਆਇ॥		Jith Peethai Math Dhoor Hoe Baral Pavai Vich Aae ||	Drinking the wine, his intelligence departs, and madness enters his mind;	ਪਰ (ਸ਼ਰਾਬ) ਜਿਸ ਦੇ ਪੀਤਿਆਂ ਅਕਲ ਦੂਰ ਹੋ ਜਾਂਦੀ ਹੈ ਤੇ ਬਕਣ ਦਾ ਜੋਸ਼ ਆ ਚੜ੍ਹਦਾ ਹੈ,
24519	554	ਆਪਣਾ ਪਰਾਇਆ ਨ ਪਛਾਣਈ ਖਸਮਹੁ ਧਕੇ ਖਾਇ॥		Aapanaa Paraaeiaa N Pashhaanee Khasamahu Dhhakae Khaae ||	He cannot distinguish between his own and others, and he is struck down by his Lord and Master.	ਆਪਣੇ ਪਰਾਏ ਦੀ ਪਛਾਣ ਨਹੀਂ ਰਹਿੰਦੀ, ਮਾਲਕ ਵੱਲੋਂ ਧੱਕੇ ਪੈਂਦੇ ਹਨ,

24520	554	ਜਿਤੁ ਪੀਤੈ ਖਸਮੁ ਵਿਸਰੈ ਦਰਗਹ ਮਿਲੈ ਸਜਾਇ॥		Jith Peethai Khasam Visarai Dharageh Milai Sajaae ||	Drinking it, he forgets his Lord and Master, and he is punished in the Court of the Lord.	ਜਿਸ ਦੇ ਪੀਤਿਆਂ ਖਸਮ ਵਿਸਰਦਾ ਹੈ ਤੇ ਦਰਗਾਹ ਵਿਚ ਸਜ਼ਾ ਮਿਲਦੀ ਹੈ,
24521	554	ਝੂਠਾ ਮਦੁ ਮੂਲਿ ਨ ਪੀਚਈ ਜੇ ਕਾ ਪਾਰਿ ਵਸਾਇ॥	ਜਿੱਥੋਂ ਤੱਕ (ਕਾ) ਦਾ(ਪਾਰਿ ਵਸਾਇ)ਵਾਹ ਵੱਸ ਚੱਲੇ ਜੇ। ਮਦੁ:ਪੋਲਾ ਬੋਲੋ	Jhoothaa Madh Mool N Peechee Jae Kaa Paar Vasaae ||	Do not drink the false wine at all, if it is in your power.	ਐਸਾ ਚੰਦਰਾ ਸ਼ਰਾਬ, ਜਿਥੋਂ ਤਕ ਵੱਸ ਚੱਲੇ ਕਦੇ ਨਹੀਂ ਪੀਣਾ ਚਾਹੀਦਾ।
24522	554	ਨਾਨਕ ਨਦਰੀ ਸਚੁ ਮਦੁ ਪਾਈਐ ਸਤਿਗੁਰੁ ਮਿਲੈ ਜਿਸੁ ਆਇ॥		Naanak Nadharee Sach Madh Paaeeai Sathigur Milai Jis Aae ||	O Nanak, the True Guru comes and meets the mortal; by His Grace, one obtains the True Wine.	ਹੇ ਨਾਨਕ! ਪ੍ਰਭੂ ਦੀ ਮੇਹਰ ਦੀ ਨਜ਼ਰ ਨਾਲ 'ਨਾਮ'-ਰੂਪ ਨਸ਼ਾ (ਉਸ ਮਨੁੱਖ ਨੂੰ) ਮਿਲਦਾ ਹੈ, ਜਿਸ ਨੂੰ ਗੁਰੂ ਆ ਕੇ ਮਿਲ ਪਏ।
24523	554	ਸਦਾ ਸਾਹਿਬ ਕੈ ਰੰਗਿ ਰਹੈ ਮਹਲੀ ਪਾਵੈ ਥਾਉ॥੧॥		Sadhaa Saahib Kai Rang Rehai Mehalee Paavai Thhaao ||1||	He shall dwell forever in the Love of the Lord Master, and obtain a seat in the Mansion of His Presence. ||1||	ਐਸਾ ਮਨੁੱਖ ਸਦਾ ਮਾਲਕ ਦੇ (ਨਾਮ ਦੇ) ਰੰਗ ਵਿਚ ਰਹਿੰਦਾ ਹੈ ਤੇ ਦਰਗਾਹ ਵਿਚ ਉਸ ਨੂੰ ਥਾਂ (ਭਾਵ, ਇੱਜ਼ਤ) ਮਿਲਦੀ ਹੈ ॥੧॥
24524	554	ਮਃ ੩॥		Ma 3 ||	Third Mehl:	
24525	554	ਇਹੁ ਜਗਤੁ ਜੀਵਤੁ ਮਰੈ ਜਾ ਇਸ ਨੋ ਸੋਝੀ ਹੋਇ॥	ਜੱਗਤੁ	Eihu Jagath Jeevath Marai Jaa Eis No Sojhee Hoe ||	When this world comes to understand, it remains dead while yet alive.	ਇਹ ਸੰਸਰ (ਮਨੁੱਖ) ਤਦੋਂ ਜੀਉਂਦਾ ਹੀ ਮਰਦਾ ਹੈ (ਭਾਵ, ਮਾਇਆ ਵਲੋਂ ਉਪਰਾਮ ਹੁੰਦਾ ਹੈ), ਜਦੋਂ ਇਸ ਨੂੰ ਸੋਝੀ ਆਉਂਦੀ ਹੈ।

24526	554	ਜਾ ਤਿਨ੍ਹਿ ਸਵਾਲਿਆ ਤਾਂ ਸਵਿ ਰਹਿਆ ਜਗਾਏ ਤਾਂ ਸੁਧਿ ਹੋਇ॥		Jaa Thinih Savaaliaa Thaan Sav Rehiaa Jagaaeae Thaan Sudhh Hoe ||	When the Lord puts him to sleep, he remains asleep; when He wakes him up, he regains consciousness.	ਸੂਝ ਤਦੋਂ ਹੁੰਦੀ ਹੈ ਜਦੋਂ ਪ੍ਰਭੂ ਆਪ ਜਗਾਉਂਦਾ ਹੈ, ਜਦ ਤਾਈਂ ਉਸ ਨੇ (ਮਾਇਆ ਵਿਚ) ਸਵਾਲਿਆ ਹੋਇਆ ਹੈ, ਤਦ ਤਾਈਂ ਮਨੁੱਖ ਸੁੱਤਾ ਰਹਿੰਦਾ ਹੈ।
24527	554	ਨਾਨਕ ਨਦਰਿ ਕਰੇ ਜੇ ਆਪਣੀ ਸਤਿਗੁਰੁ ਮੇਲੈ ਸੋਇ॥		Naanak Nadhar Karae Jae Aapanee Sathigur Maelai Soe ||	O Nanak, when the Lord casts His Glance of Grace, He causes him to meet the True Guru.	ਹੇ ਨਾਨਕ! ਜਿਸ ਤੇ ਪ੍ਰਭੂ ਆਪਣੀ ਮੇਹਰ ਦੀ ਨਜ਼ਰ ਕਰੇ ਤਾਂ ਓਸੇ ਨੂੰ ਸਤਿਗੁਰੂ ਮੇਲਦਾ ਹੈ।
24528	554	ਗੁਰ ਪ੍ਰਸਾਦਿ ਜੀਵਤੁ ਮਰੈ ਤਾ ਫਿਰਿ ਮਰਣੁ ਨ ਹੋਇ॥੨॥		Gur Prasaadh Jeevath Marai Thaa Fir Maran N Hoe ||2||	By Guru's Grace, remain dead while yet alive, and you shall not have to die again. ||2||	ਜੇ ਸਤਿਗੁਰੂ ਦੀ ਕਿਰਪਾ ਨਾਲ (ਮਨੁੱਖ) ਜੀਊਂਦਾ ਹੋਇਆ ਹੀ ਮਰਦਾ (ਭਾਵ, ਹਉਮੇ ਛਡ ਦੇਂਦਾ) ਹੈ ਤਾਂ ਫੇਰ ਮੁੜ ਕੇ ਮਰਨਾ ਨਹੀਂ ਹੁੰਦਾ (ਭਾਵ, ਜਨਮ ਮਰਨ ਤੋਂ ਬਚ ਜਾਂਦਾ ਹੈ) ॥੨॥
24529	554	ਪਉੜੀ॥		Pourree ||	Pauree:	
24530	554	ਜਿਸ ਦਾ ਕੀਤਾ ਸਭੁ ਕਿਛੁ ਹੋਵੈ ਤਿਸ ਨੋ ਪਰਵਾਹ ਨਾਹੀ ਕਿਸੈ ਕੇਰੀ॥		Jis Dhaa Keethaa Sabh Kishh Hovai This No Paravaah Naahee Kisai Kaeree ||	By His doing, everything happens; what does He care for anyone else?	ਉਸ ਪ੍ਰਭੂ ਨੂੰ ਕਿਸੇ ਦੀ ਕਾਣ ਨਹੀਂ ਕਿਉਂਕਿ ਸਭ ਕੁਝ ਹੁੰਦਾ ਹੀ ਉਸ ਦਾ ਕੀਤਾ ਹੋਇਆ ਹੈ।

24531	554	ਹਰਿ ਜੀਉ ਤੇਰਾ ਦਿਤਾ ਸਭੁ ਕੋ ਖਾਵੈ ਸਭ ਮੁਹਤਾਜੀ ਕਢੈ ਤੇਰੀ॥		Har Jeeo Thaeraa Dhithaa Sabh Ko Khaavai Sabh Muhathaajee Kadtai Thaeree ||	O Dear Lord, everyone eats whatever You give - all are subservient to You.	ਹੇ ਹਰੀ! ਹਰੇਕ ਜੀਵ ਤੇਰਾ ਦਿੱਤਾ ਖਾਂਦਾ ਹੈ ਤੇ ਸਾਰੀ ਸ੍ਰਿਸ਼ਟੀ ਤੇਰੀ ਮੁਥਾਜੀ ਕੱਢਦੀ ਹੈ।
24532	555	ਜਿ ਤੁਧਨੋ ਸਾਲਾਹੇ ਸੁ ਸਭੁ ਕਿਛੁ ਪਾਵੈ ਜਿਸ ਨੋ ਕਿਰਪਾ ਨਿਰੰਜਨ ਕੇਰੀ॥		J Thudhh No Saalaahae S Sabh Kishh Paavai Jis No Kirapaa Niranjan Kaeree ||	One who praises You obtains everything; You bestow Your Mercy upon him, O Immaculate Lord.	ਉਸ ਨੂੰ ਸਭ ਕੁਝ ਪ੍ਰਾਪਤ ਹੁੰਦਾ ਹੈ ਜੋ ਤੇਰੀ ਸਿਫ਼ਤ-ਸਾਲਾਹ ਕਰਦਾ ਹੈ ਤੇ ਜਿਸ ਉਤੇ ਮਾਇਆ-ਰਹਿਤ ਪ੍ਰਭੂ ਦੀ ਕਿਰਪਾ ਹੁੰਦੀ ਹੈ।
24533	555	ਸੋਈ ਸਾਹੁ ਸਚਾ ਵਣਜਾਰਾ ਜਿਨਿ ਵਖਰੁ ਲਦਿਆ ਹਰਿ ਨਾਮੁ ਧਨੁ ਤੇਰੀ॥	ਵੱਖਰੁ	Soee Saahu Sachaa Vanajaaraa Jin Vakhar Ladhiaa Har Naam Dhhan Thaeree ||	He alone is a true banker and trader, who loads the merchandise of the wealth of the Your Name, O Lord.	(ਸਮਝੋ) ਉਹੀ ਸ਼ਾਹੂਕਾਰ ਹੈ ਤੇ ਸੱਚਾ ਵਣਜਾਰਾ ਹੈ ਜਿਸ ਨੇ ਤੇਰਾ ਨਾਮ (ਰੂਪ) ਧਨ ਵੱਖਰ ਲਦਿਆ ਹੈ।

24534	555	ਸਭਿ ਤਿਸੈ ਨੋ ਸਾਲਾਹਿਹੁ ਸੰਤਹੁ ਜਿਨਿ ਦੂਜੇ ਭਾਵ ਕੀ ਮਾਰਿ ਵਿਡਾਰੀ ਢੇਰੀ॥੧੬॥	(ਵਿਡਾਰੀ) ਕੱਢ ਦਿੱਤੀ	Sabh Thisai No Saalaahihu Santhahu Jin Dhoojae Bhaav Kee Maar Viddaaree Dtaeree ||16||	O Saints, let everyone praise the Lord, who has destroyed the pile of the love of duality. ||16||	ਹੇ ਸੰਤ ਜਨੋ! ਸਾਰੇ ਉਸੇ ਦੀ ਸਿਫ਼ਤ-ਸਾਲਾਹ ਕਰੋ ਜਿਸ ਪ੍ਰਭੂ ਨੇ ਮਾਇਆ ਦੇ ਮੋਹ ਦਾ ਟਿੱਬਾ (ਮਨ ਵਿਚੋਂ) ਢਾਹ ਕੇ ਕੱਢ ਦਿੱਤਾ ਹੈ ॥੧੬॥
24535	555	ਸਲੋਕ॥		Salok ||	Shalok:	
24536	555	ਕਬੀਰਾ ਮਰਤਾ ਮਰਤਾ ਜਗੁ ਮੁਆ ਮਰਿ ਭਿ ਨ ਜਾਨੈ ਕੋਇ॥		Kabeeraa Marathaa Marathaa Jag Muaa Mar Bh N Jaanai Koe ||	Kabeer, the world is dying - dying to death, but no one knows how to truly die.	ਹੇ ਕਬੀਰ! (ਉਂਞ ਤਾਂ) ਮਰਦਾ ਮਰਦਾ ਸਾਰਾ ਸੰਸਾਰ ਮਰ ਹੀ ਰਿਹਾ ਹੈ, ਪਰ ਕਿਸੇ ਨੇ ਵੀ (ਸੱਚੇ) ਮਰਨ ਦੀ ਜਾਚ ਨਹੀਂ ਸਿੱਖੀ।
24537	555	ਐਸੀ ਮਰਨੀ ਜੋ ਮਰੈ ਬਹੁਰਿ ਨ ਮਰਨਾ ਹੋਇ॥੧॥		Aisee Maranee Jo Marai Bahur N Maranaa Hoe ||1||	Whoever dies, let him die such a death, that he does not have to die again. ||1||	ਜੋ ਮਨੁੱਖ ਇਸ ਤਰ੍ਹਾਂ ਦੀ ਸੱਚੀ ਮੌਤ ਮਰਦਾ ਹੈ, ਉਸ ਨੂੰ ਫਿਰ ਮਰਨਾ ਨਹੀਂ ਪੈਂਦਾ ॥੧॥
24538	555	ਮਃ ੩॥		Ma 3 ||	Third Mehl:	
24539	555	ਕਿਆ ਜਾਣਾ ਕਿਵ ਮਰਹਗੇ ਕੈਸਾ ਮਰਣਾ ਹੋਇ॥		Kiaa Jaanaa Kiv Marehagae Kaisaa Maranaa Hoe ||	What do I know? How will I die? What sort of death will it be?	ਮੈਨੂੰ ਤਾਂ ਇਹ ਪਤਾ ਨਹੀਂ ਕਿ (ਸੱਚਾ) ਮਰਨਾ ਕੀਹ ਹੁੰਦਾ ਹੈ ਤੇ ਸਾਨੂੰ ਕਿਵੇਂ ਮਰਨਾ ਚਾਹੀਦਾ ਹੈ,

24540	555	ਜੇ ਕਰਿ ਸਾਹਿਬੁ ਮਨਹੁ ਨ ਵੀਸਰੈ ਤਾ ਸਹਿਲਾ ਮਰਣਾ ਹੋਇ॥	(ਸਹਿਲਾ) ਸੌਖਾ, ਸਫਲਾ	Jae Kar Saahib Manahu N Veesarai Thaa Sehilaa Maranaa Hoe ||	If I do not forget the Lord Master from my mind, then my death will be easy.	ਜੇ ਮਾਲਕ ਮਨੋਂ ਨਾ ਵਿਸਾਰਿਆ ਜਾਏ, ਤਾਂ ਸੁਖੱਲਾ ਮਰਨਾ ਹੁੰਦਾ ਹੈ (ਭਾਵ, ਮਨੁੱਖ ਸੌਖਾ ਹੀ ਮਾਇਆ ਦੇ ਪ੍ਰਭਾਵ ਤੋਂ ਬਚ ਜਾਂਦਾ ਹੈ)।
24541	555	ਮਰਣੈ ਤੇ ਜਗਤੁ ਡਰੈ ਜੀਵਿਆ ਲੋੜੈ ਸਭੁ ਕੋਇ॥		Maranai Thae Jagath Ddarai Jeeviaa Lorrai Sabh Koe ||	The world is terrified of death; everyone longs to live.	ਮਰਨ ਤੋਂ ਸਾਰਾ ਸੰਸਾਰ ਡਰਦਾ ਹੈ ਤੇ ਹਰ ਕੋਈ ਜੀਊਣਾ ਚਾਹੁੰਦਾ ਹੈ।
24542	555	ਗੁਰ ਪਰਸਾਦੀ ਜੀਵਤੁ ਮਰੈ ਹੁਕਮੈ ਬੂਝੈ ਸੋਇ॥		Gur Parasaadhee Jeevath Marai Hukamai Boojhai Soe ||	By Guru's Grace, one who dies while yet alive, understands the Lord's Will.	ਗੁਰੂ ਦੀ ਕਿਰਪਾ ਨਾਲ ਜੋ ਮਨੁੱਖ ਜੀਊਂਦਾ ਹੀ ਮਰਦਾ ਹੈ (ਭਾਵ, ਹਉਮੈ ਮਾਰ ਦੇਂਦਾ ਹੈ), ਉਹ ਹਰੀ ਦੀ ਰਜ਼ਾ ਨੂੰ ਸਮਝਦਾ ਹੈ।
24543	555	ਨਾਨਕ ਐਸੀ ਮਰਨੀ ਜੋ ਮਰੈ ਤਾ ਸਦ ਜੀਵਣੁ ਹੋਇ॥੨॥		Naanak Aisee Maranee Jo Marai Thaa Sadh Jeevan Hoe ||2||	O Nanak, one who dies such a death, lives forever. ||2||	ਹੇ ਨਾਨਕ! ਇਸ ਤਰ੍ਹਾਂ ਦੀ ਮੌਤ ਜੋ ਮਰਦਾ ਹੈ, (ਭਾਵ, ਜੋ ਮਨੁੱਖ ਪ੍ਰਭੂ ਦੀ ਰਜ਼ਾ ਵਿਚ ਤੁਰਦਾ ਹੈ) ਉਸ ਨੂੰ ਅਟੱਲ ਜੀਵਨ ਮਿਲ ਜਾਂਦਾ ਹੈ ॥੨॥
24544	555	ਪਉੜੀ॥		Pourree ||	Pauree:	

24545	555	ਜਾ ਆਪਿ ਕ੍ਰਿਪਾਲੁ ਹੋਵੈ ਹਰਿ ਸੁਆਮੀ ਤਾ ਆਪਣਾਂ ਨਾਉ ਹਰਿ ਆਪਿ ਜਪਾਵੈ॥		Jaa Aap Kirapaal Hovai Har Suaamee Thaa Aapanaan Naao Har Aap Japaavai ||	When the Lord Master Himself becomes merciful, the Lord Himself causes His Name to be chanted.	ਜਦੋਂ ਹਰੀ ਸੁਆਮੀ ਆਪ ਮੇਹਰਵਾਨ ਹੁੰਦਾ ਹੈ ਤਾਂ ਆਪਣਾ ਨਾਮ (ਜੀਵਾਂ ਪਾਸੋਂ) ਆਪ ਜਪਾਉਂਦਾ ਹੈ।
24546	555	ਆਪੇ ਸਤਿਗੁਰੁ ਮੇਲਿ ਸੁਖੁ ਦੇਵੈ ਆਪਣਾਂ ਸੇਵਕੁ ਆਪਿ ਹਰਿ ਭਾਵੈ॥		Aapae Sathigur Mael Sukh Dhaevai Aapanaan Saevak Aap Har Bhaavai ||	He Himself causes us to meet the True Guru, and blesses us with peace. His servant is pleasing to the Lord.	ਆਪਣਾ ਸੇਵਕ ਹਰੀ ਨੂੰ ਪਿਆਰਾ ਲੱਗਦਾ ਹੈ, ਉਸ ਨੂੰ ਆਪ ਹੀ ਸਤਿਗੁਰੂ ਮਿਲਾ ਕੇ ਸੁਖ ਬਖ਼ਸ਼ਦਾ ਹੈ।
24547	555	ਆਪਣਿਆ ਸੇਵਕਾ ਕੀ ਆਪਿ ਪੈਜ ਰਖੈ ਆਪਣਿਆ ਭਗਤਾ ਕੀ ਪੈਰੀ ਪਾਵੈ॥	ਪੈਰੀਂ	Aapaniaa Saevakaa Kee Aap Paij Rakhai Aapaniaa Bhagathaa Kee Pairee Paavai ||	He Himself preserves the honor of His servants; He causes others to fall at the feet of His devotees.	ਪ੍ਰਭੂ ਆਪਣੇ ਸੇਵਕਾਂ ਦੀ ਆਪ ਲਾਜ ਰੱਖਦਾ ਹੈ ਤੇ ਆਪਣੇ ਭਗਤਾਂ ਦੀ ਚਰਨੀਂ ਲਿਆ ਪਾਂਦਾ ਹੈ।

24548	555	ਧਰਮਰਾਇ ਹੈ ਹਰਿ ਕਾ ਕੀਆ ਹਰਿ ਜਨ ਸੇਵਕ ਨੇੜਿ ਨ ਆਵੈ॥		Dhharam Raae Hai Har Kaa Keeaa Har Jan Saevak Naerr N Aavai ||	The Righteous Judge of Dharma is a creation of the Lord; he does not approach the humble servant of the Lord.	ਧਰਮ ਰਾਜ ਭੀ ਜੋ ਪ੍ਰਭੂ ਦਾ ਹੀ ਬਣਾਇਆ ਹੋਇਆ ਹੈ ਤੇ ਉਹ ਪ੍ਰਭੂ ਦੇ ਸੇਵਕ ਦੇ ਨੇੜੇ ਨਹੀਂ ਆਉਂਦਾ।
24549	555	ਜੋ ਹਰਿ ਕਾ ਪਿਆਰਾ ਸੋ ਸਭਨਾ ਕਾ ਪਿਆਰਾ ਹੋਰ ਕੇਤੀ ਝਖਿ ਝਖਿ ਆਵੈ ਜਾਵੈ॥੧੭॥		Jo Har Kaa Piaaraa So Sabhanaa Kaa Piaaraa Hor Kaethee Jhakh Jhakh Aavai Jaavai ||17||	One who is dear to the Lord, is dear to all; so many others come and go in vain. ||17||	ਜੋ ਮਨੁੱਖ ਪ੍ਰਭੂ ਦਾ ਪਿਆਰਾ ਹੈ ਉਹ ਸਭ ਦਾ ਪਿਆਰਾ ਹੈ ਤੇ ਹੋਰ ਬਥੇਰੀ ਸ੍ਰਿਸ਼ਟੀ ਖਪ ਖਪ ਕੇ ਜੰਮਦੀ ਮਰਦੀ ਹੈ ॥੧੭॥
24550	555	ਸਲੋਕ ਮਃ ੩॥		Salok Ma 3 ||	Shalok, Third Mehl:	
24551	555	ਰਾਮੁ ਰਾਮੁ ਕਰਤਾ ਸਭੁ ਜਗੁ ਫਿਰੈ ਰਾਮੁ ਨ ਪਾਇਆ ਜਾਇ॥		Raam Raam Karathaa Sabh Jag Firai Raam N Paaeiaa Jaae ||	The entire world roams around, chanting, ""Raam, Raam, Lord, Lord"", but the Lord cannot be obtained like this.	ਸਾਰਾ ਸੰਸਾਰ 'ਰਾਮ, ਰਾਮ' ਆਖਦਾ ਫਿਰਦਾ ਹੈ ਪਰ ਇਸ ਤਰ੍ਹਾਂ 'ਰਾਮ' (ਪ੍ਰਭੂ) ਲੱਭਿਆ ਨਹੀਂ ਜਾਂਦਾ।
24552	555	ਅਗਮੁ ਅਗੋਚਰੁ ਅਤਿ ਵਡਾ ਅਤੁਲੁ ਨ ਤੁਲਿਆ ਜਾਇ॥	ਅ-ਤੁੱਲੁ	Agam Agochar Ath Vaddaa Athul N Thuliaa Jaae ||	He is inaccessible, unfathomable and so very great; He is unweighable, and cannot be weighed.	ਪ੍ਰਭੂ ਅਪਹੁੰਚ ਹੈ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਬੜਾ ਵੱਡਾ ਹੈ ਅਤੁੱਲ ਹੈ ਤੇ ਤੋਲਿਆ ਨਹੀਂ ਜਾ ਸਕਦਾ।

24553	555	ਕੀਮਤਿ ਕਿਨੈ ਨ ਪਾਈਆ ਕਿਤੈ ਨ ਲਇਆ ਜਾਇ॥		Keemath Kinai N Paaeeaa Kithai N Laeiaa Jaae ||	No one can evaluate Him; He cannot be purchased at any price.	ਕਿਸੇ ਨੇ ਉਸ ਦੀ ਕੀਮਤ ਨਹੀਂ ਪਾਈ ਤੇ ਕਿਸੇ ਥਾਂ ਤੋਂ (ਮੁੱਲ ਦੇ ਕੇ) ਲਿਆ ਭੀ ਨਹੀਂ ਜਾਂਦਾ।
24554	555	ਗੁਰ ਕੈ ਸਬਦਿ ਭੇਦਿਆ ਇਨ ਬਿਧਿ ਵਸਿਆ ਮਨਿ ਆਇ॥	ਬਿਧਿ:ਪੋਲਾ ਬੋਲੋ	Gur Kai Sabadh Bhaedhiaa Ein Bidhh Vasiaa Man Aae ||	Through the Word of the Guru's Shabad, His mystery is known; in this way, He comes to dwell in the mind.	(ਪਰ) ਜੇ ਗੁਰੂ ਦੇ ਸ਼ਬਦ ਨਾਲ (ਮਨ) ਵਿੰਨ੍ਹਿਆ ਜਾਏ ਤਾਂ ਇਸ ਤਰ੍ਹਾਂ ਪ੍ਰਭੂ ਮਨ ਵਿਚ ਆ ਵੱਸਦਾ ਹੈ।
24555	555	ਨਾਨਕ ਆਪਿ ਅਮੇਉ ਹੈ ਗੁਰ ਕਿਰਪਾ ਤੇ ਰਹਿਆ ਸਮਾਇ॥	(ਅਮੇਉ) ਬੇਅੰਤ	Naanak Aap Amaeo Hai Gur Kirapaa Thae Rehiaa Samaae ||	O Nanak, He Himself is infinite; by Guru's Grace, He is known to be permeating and pervading everywhere.	ਹੇ ਨਾਨਕ! ਪ੍ਰਭੂ ਆਪ ਤਾਂ ਮਿਣਤੀ ਤੋਂ ਪਰੇ ਹੈ, ਪਰ ਸਤਿਗੁਰੂ ਦੀ ਕਿਰਪਾ ਨਾਲ (ਸਮਝ ਪੈਂਦੀ ਹੈ ਕਿ ਉਹ ਸ੍ਰਿਸ਼ਟੀ ਵਿਚ) ਵਿਆਪਕ ਹੈ।
24556	555	ਆਪੇ ਮਿਲਿਆ ਮਿਲਿ ਰਹਿਆ ਆਪੇ ਮਿਲਿਆ ਆਇ॥੧॥		Aapae Miliaa Mil Rehiaa Aapae Miliaa Aae ||1||	He Himself comes to blend, and having blended, remains blended. ||1||	ਪ੍ਰਭੂ ਆਪ ਹੀ ਹਰ ਥਾਂ ਮਿਲਿਆ ਹੋਇਆ ਹੈ ਤੇ ਆਪ ਹੀ ਆ ਕੇ (ਜੀਵ ਨੂੰ) ਪਰਗਟ ਹੁੰਦਾ ਹੈ ॥੧॥
24557	555	ਮਃ ੩॥		Ma 3 ||	Third Mehl:	

24558	555	ਏ ਮਨ ਇਹੁ ਧਨੁ ਨਾਮੁ ਹੈ ਜਿਤੁ ਸਦਾ ਸਦਾ ਸੁਖੁ ਹੋਇ॥		Eae Man Eihu Dhhan Naam Hai Jith Sadhaa Sadhaa Sukh Hoe ||	O my soul, this is the wealth of the Naam; through it, comes peace, forever and ever.	ਹੇ ਮਨ! ਐਸਾ ਧਨ ਕੇਵਲ 'ਨਾਮ' ਹੀ ਹੈ, ਜਿਸ ਨਾਲ ਸਦਾ ਲਈ ਸੁਖ ਮਿਲਦਾ ਹੈ।
24559	555	ਤੋਟਾ ਮੂਲਿ ਨ ਆਵਈ ਲਾਹਾ ਸਦ ਹੀ ਹੋਇ॥		Thottaa Mool N Aavee Laahaa Sadh Hee Hoe ||	It never brings any loss; through it, one earns profits forever.	ਏਹ ਧਨ ਕਦੀ ਨਹੀਂ ਘਟਦਾ, ਇਸ ਦਾ ਸਦਾ ਲਾਭ ਹੀ ਲਾਭ ਹੈ।
24560	555	ਖਾਧੈ ਖਰਚਿਐ ਤੋਟਿ ਨ ਆਵਈ ਸਦਾ ਸਦਾ ਓਹੁ ਦੇਇ॥	ਦੇ-ਇ	Khaadhhai Kharachiai Thott N Aavee Sadhaa Sadhaa Ouhu Dhaee ||	Eating and spending it, it never decreases; He continues to give, forever and ever.	ਖਾਣ ਨਾਲ ਤੇ ਖ਼ਰਚਣ ਨਾਲ ਭੀ ਇਸ ਦੀ ਘਾਟ ਨਹੀਂ ਪੈਂਦੀ, (ਕਿਉਂਕਿ) ਉਹ ਪ੍ਰਭੂ ਸਦਾ ਹੀ (ਇਹ ਧਨ) ਦੇਈ ਜਾਂਦਾ ਹੈ।
24561	555	ਸਹਸਾ ਮੂਲਿ ਨ ਹੋਵਈ ਹਾਣਤ ਕਦੇ ਨ ਹੋਇ॥	(ਹਾਣਤ) ਘਾਟਾ	Sehasaa Mool N Hovee Haanath Kadhae N Hoe ||	One who has no skepticism at all never suffers humiliation.	ਕਦੇ (ਇਸ ਧਨ ਸੰਬੰਧੀ) ਕੋਈ ਚਿੰਤਾ ਨਹੀਂ ਹੁੰਦੀ ਤੇ (ਅੱਗੇ ਦਰਗਾਹ ਵਿਚ) ਸ਼ਰਮਿੰਦਗੀ ਨਹੀਂ ਉਠਾਣੀ ਪੈਂਦੀ।
24562	555	ਨਾਨਕ ਗੁਰਮੁਖਿ ਪਾਈਐ ਜਾ ਕਉ ਨਦਰਿ ਕਰੇਇ॥੨॥	ਕਰੇ-ਇ	Naanak Guramukh Paaeeai Jaa Ko Nadhar Karaee ||2||	O Nanak, the Gurmukh obtains the Name of the Lord, when the Lord bestows His Glance of Grace. ||2||	ਹੇ ਨਾਨਕ! ਜਿਸ ਮਨੁੱਖ ਉਤੇ ਪ੍ਰਭੂ ਮੇਹਰ ਦੀ ਨਜ਼ਰ ਕਰਦਾ ਹੈ, ਉਸ ਨੂੰ ਸਤਿਗੁਰੂ ਦੇ ਸਨਮੁਖ ਹੋਇਆਂ ਹੀ (ਇਹ ਧਨ) ਲੱਭਦਾ ਹੈ ॥੨॥
24563	555	ਪਉੜੀ॥		Pourree ||	Pauree:	

24564	555	ਆਪੇ ਸਭ ਘਟ ਅੰਦਰੇ ਆਪੇ ਹੀ ਬਾਹਰਿ॥		Aapae Sabh Ghatt Andharae Aapae Hee Baahar ||	He Himself is deep within all hearts, and He Himself is outside them.	ਪ੍ਰਭੂ ਆਪ ਹੀ ਸਾਰੇ ਸਰੀਰਾਂ ਦੇ ਵਿਚ ਹੈ ਤੇ ਆਪ ਹੀ ਸਭ ਤੋਂ ਵੱਖਰਾ ਹੈ,
24565	555	ਆਪੇ ਗੁਪਤੁ ਵਰਤਦਾ ਆਪੇ ਹੀ ਜਾਹਰਿ॥		Aapae Gupath Varathadhaa Aapae Hee Jaahar ||	He Himself is prevailing unmanifest, and He Himself is manifest.	ਆਪ ਹੀ (ਸਭ ਵਿਚ) ਲੁਕਿਆ ਹੋਇਆ ਹੈ ਤੇ ਆਪੇ ਪ੍ਰਤੱਖ ਹੁੰਦਾ ਹੈ।
24566	555	ਜੁਗ ਛਤੀਹ ਗੁਬਾਰੁ ਕਰਿ ਵਰਤਿਆ ਸੁੰਨਾ ਹਰਿ॥	(ਸੁੰਨਾ) ਅਫ਼ੁਰ ਹਰੀ ਵਰਤ ਰਿਹਾ ਹੈ	Jug Shhatheeh Gubaar Kar Varathiaa Sunnaahar ||	For thirty-six ages, He created the darkness, abiding in the void.	ਯੱਤੀ ਜੁਗਾਂ ਤਕ ਉਸ ਨੇ ਘੁੱਪ ਹਨੇਰਾ ਪੈਦਾ ਕਰ ਕੇ ਆਪ ਸੁੰਨ (ਅਫੁਰ) ਹਾਲਤ ਵਿਚ ਪਰਵੇਸ਼ ਕੀਤਾ।
24567	555	ਓਥੈ ਵੇਦ ਪੁਰਾਨ ਨ ਸਾਸਤਾ ਆਪੇ ਹਰਿ ਨਰਹਰਿ॥		Outhhai Vaedh Puraan N Saasathaa Aapae Har Narehar ||	There were no Vedas, Puraanas or Shaastras there; only the Lord Himself existed.	ਉਸ ਵੇਲੇ ਕੋਈ ਵੇਦ ਪੁਰਾਨ ਜਾਂ ਸ਼ਾਸਤ੍ਰ ਨਹੀਂ ਸੀ, ਕੇਵਲ ਪ੍ਰਭੂ ਆਪ ਹੀ ਆਪ ਸੀ।
24568	555	ਬੈਠਾ ਤਾੜੀ ਲਾਇ ਆਪਿ ਸਭ ਦੂ ਹੀ ਬਾਹਰਿ॥	(ਤਾੜੀ) ਸਮਾਧੀ	Baithaa Thaarree Laae Aap Sabh Dhoo Hee Baahar ||	He Himself sat in the absolute trance, withdrawn from everything.	(ਫਿਰ ਰਚਨਾ ਨੂੰ ਰਚ ਕੇ ਵੀ) ਪ੍ਰਭੂ ਸਭ ਤੋਂ ਵੱਖਰਾ ਸਮਾਧੀ ਲਾ ਕੇ ਬੈਠਾ ਹੋਇਆ ਹੈ (ਭਾਵ, ਮਾਇਆ ਦੀ ਰਚਨਾ ਰਚ ਕੇ ਭੀ ਇਸ ਮਾਇਆ ਦੇ ਪ੍ਰਭਾਵ ਤੋਂ ਆਪ ਨਿਰਲੇਪ ਹੈ)।

24569	555	ਆਪਣੀ ਮਿਤਿ ਆਪਿ ਜਾਣਦਾ ਆਪੇ ਹੀ ਗਉਹਰੁ॥੧੮॥	ਗਹਿਰ ਗੰਭੀਰ(ਗਉਹਰੁ) ਅਥਾਹ	Aapanee Mith Aap Jaanadhaa Aapae Hee Gouhar ||18||	Only He Himself knows His state; He Himself is the unfathomable ocean. ||18||	ਪ੍ਰਭੂ ਆਪ ਹੀ (ਮਾਨੋ) ਡੂੰਘਾ ਸਮੁੰਦਰ ਹੈ ਤੇ ਇਹ ਗੱਲ ਉਹ ਆਪ ਹੀ ਜਾਣਦਾ ਹੈ ਕਿ ਉਹ ਕਿਤਨਾ ਵੱਡਾ ਹੈ ॥੧੮॥
24570	555	ਸਲੋਕ ਮਃ ੩॥		Salok Ma 3 ||	Shalok, Third Mehl:	
24571	555	ਹਉਮੈ ਵਿਚਿ ਜਗਤੁ ਮੁਆ ਮਰਦੋ ਮਰਦਾ ਜਾਇ॥	ਜੱਗਤੁ	Houmai Vich Jagath Muaa Maradho Maradhaa Jaae ||	In egotism, the world is dead; it dies and dies, again and again.	ਸੰਸਾਰ ਹਉਮੈ ਵਿਚ ਮੁਇਆ ਪਿਆ ਹੈ, ਨਿੱਤ (ਹਿਠਾਂ ਹਿਠਾਂ) ਪਿਆ ਗਰਕਦਾ ਹੀ ਹੈ।
24572	556	ਜਿਚਰੁ ਵਿਚਿ ਦੰਮੁ ਹੈ ਤਿਚਰੁ ਨ ਚੇਤਈ ਕਿ ਕਰੇਗੁ ਅਗੈ ਜਾਇ॥	ਜਿੱਚਰੁ ਤਿੱਚਰੁ	Jichar Vich Dhanm Hai Thichar N Chaethee K Karaeg Agai Jaae ||	As long as there is breath in the body, he does not remember the Lord; what will he do in the world hereafter?	ਜਦ ਤਾਈਂ ਸਰੀਰ ਵਿਚ ਦਮ ਹੈ, ਪ੍ਰਭੂ ਨੂੰ ਯਾਦ ਨਹੀਂ ਕਰਦਾ; (ਸੰਸਾਰੀ ਜੀਵ ਹਉਮੈ ਵਿਚ ਰਹਿ ਕੇ ਕਦੇ ਨਹੀਂ ਸੋਚਦਾ ਕਿ) ਅਗਾਂਹ ਦਰਗਾਹ ਵਿਚ ਜਾ ਕੇ ਕੀਹ ਹਾਲ ਹੋਵੇਗਾ।
24573	556	ਗਿਆਨੀ ਹੋਇ ਸੁ ਚੇਤੰਨੁ ਹੋਇ ਅਗਿਆਨੀ ਅੰਧੁ ਕਮਾਇ॥		Giaanee Hoe S Chaethann Hoe Agiaanee Andhh Kamaae ||	One who remembers the Lord is a spiritual teacher; the ignorant one acts blindly.	ਜੋ ਮਨੁੱਖ ਗਿਆਨਵਾਨ ਹੁੰਦਾ ਹੈ, ਉਹ ਸੁਚੇਤ ਰਹਿੰਦਾ ਹੈ ਤੇ ਅਗਿਆਨੀ ਮਨੁੱਖ ਅਗਿਆਨਤਾ ਦਾ ਕੰਮ ਹੀ ਕਰਦਾ ਹੈ।

24574	556	ਨਾਨਕ ਏਥੈ ਕਮਾਵੈ ਸੋ ਮਿਲੈ ਅਗੈ ਪਾਏ ਜਾਇ॥੧॥		Naanak Eaethhai Kamaavai So Milai Agai Paaeae Jaae ||1||	O Nanak, whatever one does in this world, determines what he shall receive in the world hereafter. ||1||	ਹੇ ਨਾਨਕ! ਮਨੁੱਖਾ ਜਨਮ ਵਿਚ ਜੋ ਕੁਝ ਮਨੁੱਖ ਕਮਾਈ ਕਰਦਾ ਹੈ, ਉਹੋ ਮਿਲਦੀ ਹੈ, ਪਰਲੋਕ ਵਿਚ ਭੀ ਜਾ ਕੇ ਉਹੋ ਮਿਲਦੀ ਹੈ ॥੧॥
24575	556	ਮਃ ੩॥		Ma 3 ||	Third Mehl:	
24576	556	ਧੁਰਿ ਖਸਮੈ ਕਾ ਹੁਕਮੁ ਪਇਆ ਵਿਣੁ ਸਤਿਗੁਰ ਚੇਤਿਆ ਨ ਜਾਇ॥		Dhhur Khasamai Kaa Hukam Paeiaa Vin Sathigur Chaethiaa N Jaae ||	From the very beginning, it has been the Will of the Lord Master, that He cannot be remembered without the True Guru.	ਧੁਰੋਂ ਹੀ ਪ੍ਰਭੂ ਦਾ ਹੁਕਮ ਚਲਿਆ ਆਉਂਦਾ ਹੈ ਕਿ ਸਤਿਗੁਰੂ ਤੋਂ ਬਿਨਾਂ ਪ੍ਰਭੂ ਸਿਮਰਿਆ ਨਹੀਂ ਜਾ ਸਕਦਾ।
24577	556	ਸਤਿਗੁਰਿ ਮਿਲਿਐ ਅੰਤਰਿ ਰਵਿ ਰਹਿਆ ਸਦਾ ਰਹਿਆ ਲਿਵ ਲਾਇ॥		Sathigur Miliai Anthar Rav Rehiaa Sadhaa Rehiaa Liv Laae ||	Meeting the True Guru, he realizes that the Lord is permeating and pervading deep within him; he remains forever absorbed in the Lord's Love.	ਸਤਿਗੁਰੂ ਦੇ ਮਿਲਿਆਂ ਪ੍ਰਭੂ ਮਨੁੱਖ ਦੇ ਹਿਰਦੇ ਵਿਚ ਵੱਸ ਪੈਂਦਾ ਹੈ ਤੇ ਮਨੁੱਖ ਸਦਾ ਉਸ ਵਿਚ ਬਿਰਤੀ ਜੋੜੀ ਰੱਖਦਾ ਹੈ।

24578	556	ਦਮਿ ਦਮਿ ਸਦਾ ਸਮ੍ਾਲਦਾ ਦੰਮੁ ਨ ਬਿਰਥਾ ਜਾਇ॥		Dham Dham Sadhaa Samaaladhaa Dhanm N Birathhaa Jaae ||	With each and every breath, he constantly remembers the Lord in meditation; not a single breath passes in vain.	ਤਾਂ ਸੁਆਸ ਸੁਆਸ ਉਸ ਨੂੰ ਚੇਤਦਾ ਹੈ, ਇੱਕ ਭੀ ਸੁਆਸ ਖ਼ਾਲੀ ਨਹੀਂ ਜਾਂਦਾ।
24579	556	ਜਨਮ ਮਰਨ ਕਾ ਭਉ ਗਇਆ ਜੀਵਨਪਦਵੀ ਪਾਇ॥		Janam Maran Kaa Bho Gaeiaa Jeevan Padhavee Paae ||	His fears of birth and death depart, and he obtains the honored state of eternal life.	(ਇਸ ਤਰ੍ਹਾਂ ਉਸ ਦਾ) ਜੰਮਣ ਮਰਨ ਦਾ ਡਰ ਮੁੱਕ ਜਾਂਦਾ ਹੈ ਤੇ ਉਸ ਨੂੰ (ਅਸਲ ਮਨੁੱਖਾ) ਜੀਵਨ ਦਾ ਮਰਤਬਾ ਮਿਲ ਜਾਂਦਾ ਹੈ।
24580	556	ਨਾਨਕ ਇਹੁ ਮਰਤਬਾ ਤਿਸਨੋ ਦੇਇ ਜਿਸ ਨੋ ਕਿਰਪਾ ਕਰੇ ਰਜਾਇ॥੨॥	(ਮਰਤਬਾ) ਉੱਚਾ ਅਹੁਦਾ। ਦੇ-ਇ	Naanak Eihu Marathabaa This No Dhaee Jis No Kirapaa Karae Rajaae ||2||	O Nanak, He bestows this rank upon that mortal, upon whom He showers His Mercy. ||2||	ਹੇ ਨਾਨਕ! ਪ੍ਰਭੂ ਇਹ ਦਰਜਾ (ਭਾਵ, ਜੀਵਨ-ਪਦਵੀ) ਉਸ ਮਨੁੱਖ ਨੂੰ ਦੇਂਦਾ ਹੈ ਜਿਸ ਤੇ ਉਹ ਆਪਣੀ ਰਜ਼ਾ ਵਿਚ ਮੇਹਰ ਕਰਦਾ ਹੈ ॥੨॥
24581	556	ਪਉੜੀ॥		Pourree ||	Pauree:	
24582	556	ਆਪੇ ਦਾਨਾਂ ਬੀਨਿਆ ਆਪੇ ਪਰਧਾਨਾਂ॥		Aapae Dhaanaan Beeniaa Aapae Paradhhaanaan ||	He Himself is all-wise and all-knowing; He Himself is supreme.	ਪ੍ਰਭੂ ਆਪ ਹੀ ਸਿਆਣਾ ਹੈ, ਆਪ ਹੀ ਚਤੁਰ ਹੈ ਤੇ ਆਪ ਹੀ ਆਗੂ ਹੈ।

24583	556	ਆਪੇ ਰੂਪ ਦਿਖਾਲਦਾ ਆਪੇ ਲਾਇ ਧਿਆਨਾਂ॥		Aapae Roop Dhikhaaladhaa Aapae Laae Dhhiaanaan ||	He Himself reveals His form, and He Himself enjoins us to His meditation.	ਆਪ ਹੀ (ਆਪਣੇ) ਰੂਪ ਵਿਖਾਲਦਾ ਹੈ ਤੇ ਆਪ ਹੀ ਬਿਰਤੀ ਜੋੜਦਾ ਹੈ।
24584	556	ਆਪੇ ਮੋਨੀ ਵਰਤਦਾ ਆਪੇ ਕਥੈ ਗਿਆਨਾਂ॥		Aapae Monee Varathadhaa Aapae Kathhai Giaanaan ||	He Himself poses as a silent sage, and He Himself speaks spiritual wisdom.	ਆਪ ਹੀ ਮੋਨਧਾਰੀ ਹੈ ਤੇ ਆਪ ਹੀ ਗਿਆਨ ਦੀਆਂ ਗੱਲਾਂ ਕਰਨ ਵਾਲਾ ਹੈ।
24585	556	ਕਉੜਾ ਕਿਸੈ ਨ ਲਗਈ ਸਭਨਾ ਹੀ ਭਾਨਾ॥	ਲੱਗਈ	Kourraa Kisai N Lagee Sabhanaa Hee Bhaanaa ||	He does not seem bitter to anyone; He is pleasing to all.	ਕਿਸੇ ਨੂੰ ਕੌੜਾ ਨਹੀਂ ਲੱਗਦਾ (ਕਿਸੇ ਨੂੰ ਕਿਸੇ ਰੰਗ ਵਿਚ, ਕਿਸੇ ਨੂੰ ਕਿਸੇ ਰੰਗ ਵਿਚ) ਸਭਨਾਂ ਨੂੰ ਪਿਆਰਾ ਲੱਗਦਾ ਹੈ।
24586	556	ਉਸਤਤਿ ਬਰਨਿ ਨ ਸਕੀਐ ਸਦ ਸਦ ਕੁਰਬਾਨਾ॥੧੯॥		Ousathath Baran N Sakeeai Sadh Sadh Kurabaanaa ||19||	His Praises cannot be described; forever and ever, I am a sacrifice to Him. ||19||	ਐਸੇ ਪ੍ਰਭੂ ਤੋਂ ਮੈਂ ਸਦਕੇ ਹਾਂ, ਉਸ ਦੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ ॥੧੯॥
24587	556	ਸਲੋਕ ਮਃ ੧॥		Salok Ma 1 ||	Shalok, First Mehl:	
24588	556	ਕਲੀ ਅੰਦਰਿ ਨਾਨਕਾ ਜਿੰਨਾਂ ਦਾ ਅਉਤਾਰੁ॥		Kalee Andhar Naanakaa Jinnaan Dhaa Aouthaar ||	In this Dark Age of Kali Yuga, O Nanak, the demons have taken birth.	ਹੇ ਨਾਨਕ! ਕਲਜੁਗ ਵਿਚ (ਵਿਕਾਰੀ ਜੀਵਨ ਵਿਚ) ਰਹਿਣ ਵਾਲੇ (ਮਨੁੱਖ ਨਹੀਂ) ਭੂਤਨੇ ਜੰਮੇ ਹੋਏ ਹਨ।

24589	556	ਪੁਤੁ ਜਿਨੂਰਾ ਧੀਅ ਜਿੰਨੂਰੀ ਜੋਰੂ ਜਿੰਨਾ ਦਾ ਸਿਕਦਾਰੁ॥੧॥	(ਜਿਨੂਰਾ)ਭੂਤ। (ਜਿੰਨੂਰੀ) ਭੂਤਨੀ। (ਜੋਰੂ)ਇਸਤ੍ਰੀ। (ਸਿੱਕਦਾਰੁ) ਸਰਦਾਰ	Puth Jinooraa Dhheea Jinnooree Joroo Jinnaa Dhaa Sikadhaar ||1||	The son is a demon, and the daughter is a demon; the wife is the chief of the demons. ||1||	ਪੁਤ੍ਰ ਭੂਤਨਾ, ਧੀ ਭੂਤਨੀ ਤੇ ਇਸਤ੍ਰੀ ਸਭ ਤੋਂ ਵਢੀ ਭੂਤਨੀ ਹੈ (ਭਾਵ; ਨਾਮ ਤੋਂ ਸੱਖਣੇ ਸਭ ਜੀਵ ਭੂਤਨੇ ਬਰਾਬਰ ਹਨ) ॥੧॥
24590	556	ਮਃ ੧॥		Ma 1 ||	First Mehl:	
24591	556	ਹਿੰਦੂ ਮੂਲੇ ਭੂਲੇ ਅਖੁਟੀ ਜਾਂਹੀ॥	(ਅ-ਖੁੱਟੀ) ਖੋਟੇ ਰਾਹ	Hindhoo Moolae Bhoolae Akhuttee Jaanhee ||	The Hindus have forgotten the Primal Lord; they are going the wrong way.	ਹਿੰਦੂ ਉੱਕਾ ਹੀ ਭੁੱਲੇ ਹੋਏ ਖੁੰਝੇ ਜਾ ਰਹੇ ਹਨ।
24592	556	ਨਾਰਦਿ ਕਹਿਆ ਸਿ ਪੂਜ ਕਰਾਂਹੀ॥		Naaradh Kehiaa S Pooj Karaanhee ||	As Naarad instructed them, they are worshipping idols.	ਜੋ ਨਾਰਦ ਨੇ ਆਖਿਆ ਉਹੀ ਪੂਜਾ ਕਰਦੇ ਹਨ।
24593	556	ਅੰਧੇ ਗੁੰਗੇ ਅੰਧ ਅੰਧਾਰੁ॥		Andhhae Gungae Andhh Andhhaar ||	They are blind and mute, the blindest of the blind.	ਇਹਨਾਂ ਅੰਨ੍ਹਿਆਂ ਗੁੰਗਿਆਂ ਵਾਸਤੇ ਹਨੇਰਾ ਘੁਪ ਬਣਿਆ ਪਿਆ ਹੈ (ਭਾਵ, ਸਹੀ ਰਸਤੇ ਤੇ ਚਲ ਕੇ ਪ੍ਰਭੂ ਦੇ ਗੁਣ ਨਹੀਂ ਗਾਉਂਦੇ)।
24594	556	ਪਾਥਰੁ ਲੇ ਪੂਜਹਿ ਮੁਗਧ ਗਵਾਰ॥		Paathhar Lae Poojehi Mugadhh Gavaar ||	The ignorant fools pick up stones and worship them.	ਇਹ ਮੂਰਖ ਗਵਾਰ ਪੱਥਰ ਲੈ ਕੇ ਪੂਜ ਰਹੇ ਹਨ।
24595	556	ਓਹਿ ਜਾ ਆਪਿ ਡੁਬੇ ਤੁਮ ਕਹਾ ਤਰਣਹਾਰੁ॥੨॥		Ouhi Jaa Aap Ddubae Thum Kehaa Tharanehaar ||2||	But when those stones themselves sink, who will carry you across? ||2||	ਉਹ ਪਥਰ ਜੋ ਆਪ (ਪਾਣੀ ਵਿਚ) ਡੁੱਬ ਜਾਂਦਾ ਹੈ ਉਹ ਤੁਹਾਨੂੰ ਕਿਵੇਂ ਤਾਰ ਸਕਦਾ ਹੈ?॥੨॥
24596	556	ਪਉੜੀ॥		Pourree ||	Pauree:	

24597	556	ਸਭੁ ਕਿਹੁ ਤੇਰੈ ਵਸਿ ਹੈ ਤੂ ਸਚਾ ਸਾਹੁ॥	ਵੱਸਿ	Sabh Kihu Thaerai Vas Hai Thoo Sachaa Saahu ||	Everything is in Your power; You are the True King.	ਹੇ ਪ੍ਰਭੂ! ਤੂੰ ਸੱਚਾ ਸ਼ਾਹ ਹੈਂ ਤੇ ਸਭ ਕੁਝ ਤੇਰੇ ਅਖ਼ਤਿਆਰ ਵਿਚ ਹੈ।
24598	556	ਭਗਤ ਰਤੇ ਰੰਗਿ ਏਕ ਕੈ ਪੂਰਾ ਵੇਸਾਹੁ॥	(ਵੇਸਾਹੁ) ਭਰੋਸਾ	Bhagath Rathae Rang Eaek Kai Pooraa Vaesaahu ||	The devotees are imbued with the Love of the One Lord; they have perfect faith in Him.	ਭਜਨ ਕਰਨ ਵਾਲੇ ਦਾਸ ਇਕ ਹਰੀ ਦੇ (ਨਾਮ ਦੇ) ਰੰਗ ਵਿਚ ਰੰਗੇ ਹੋਏ ਹਨ ਤੇ ਉਸ ਤੇ ਉਹਨਾਂ ਨੂੰ ਪੂਰਾ ਭਰੋਸਾ ਹੈ।
24599	556	ਅੰਮ੍ਰਿਤੁ ਭੋਜਨੁ ਨਾਮੁ ਹਰਿ ਰਜਿ ਰਜਿ ਜਨ ਖਾਹੁ॥	ਰੱਜਿ	Anmrith Bhojan Naam Har Raj Raj Jan Khaahu ||	The Name of the Lord is the ambrosial food; His humble servants eat their fill.	ਉਹ ਦਾਸ ਪ੍ਰਭੂ ਦਾ ਨਾਮ (ਰੂਪ) ਅਮਰ ਕਰਨ ਵਾਲਾ ਭੋਜਨ ਰੱਜ ਰੱਜ ਕੇ ਖਾਂਦੇ ਹਨ।
24600	556	ਸਭਿ ਪਦਾਰਥ ਪਾਈਅਨਿ ਸਿਮਰਣੁ ਸਚੁ ਲਾਹੁ॥		Sabh Padhaarathh Paaeean Simaran Sach Laahu ||	All treasures are obtained - meditative remembrance on the Lord is the true profit.	ਸਾਰੇ ਪਦਾਰਥ ਉਹਨਾਂ ਨੂੰ ਮਿਲਦੇ ਹਨ, ਉਹ ਨਾਮ ਸਿਮਰਨ (ਰੂਪ) ਸੱਚਾ ਲਾਹਾ ਖੱਟਦੇ ਹਨ।
24601	556	ਸੰਤ ਪਿਆਰੇ ਪਾਰਬ੍ਰਹਮ ਨਾਨਕ ਹਰਿ ਅਗਮ ਅਗਾਹੁ॥੨੦॥		Santh Piaarae Paarabreham Naanak Har Agam Agaahu ||20||	The Saints are very dear to the Supreme Lord God, O Nanak; the Lord is unapproachable and unfathomable. ||20||	ਹੇ ਨਾਨਕ! ਜੋ ਪਾਰਬ੍ਰਹਮ ਪਹੁੰਚ ਤੋਂ ਪਰੇ ਤੇ ਅਗਾਧ ਹੈ, ਭਜਨ ਕਰਨ ਵਾਲੇ ਦਾਸ ਉਸ ਦੇ ਪਿਆਰੇ ਹਨ ॥੨੦॥
24602	556	ਸਲੋਕ ਮਃ ੩॥		Salok Ma 3 ||	Shalok, Third Mehl:	

24603	556	ਸਭੁ ਕਿਛੁ ਹੁਕਮੇ ਆਵਦਾ ਸਭੁ ਕਿਛੁ ਹੁਕਮੇ ਜਾਇ॥		Sabh Kishh Hukamae Aavadhaa Sabh Kishh Hukamae Jaae ||	Everything comes by the Lord's Will, and everything goes by the Lord's Will.	ਹਰੇਕ ਚੀਜ਼ ਪ੍ਰਭੂ ਦੇ ਹੁਕਮ ਵਿਚ ਹੀ ਆਉਂਦੀ ਹੈ ਤੇ ਹੁਕਮ ਵਿਚ ਹੀ ਚਲੀ ਜਾਂਦੀ ਹੈ।
24604	556	ਜੇ ਕੋ ਮੂਰਖੁ ਆਪਹੁ ਜਾਣੈ ਅੰਧਾ ਅੰਧੁ ਕਮਾਇ॥		Jae Ko Moorakh Aapahu Jaanai Andhhaa Andhh Kamaae ||	If some fool believes that he is the creator, he is blind, and acts in blindness.	ਜੇ ਕੋਈ ਮੂਰਖ ਆਪਣੇ ਆਪ ਨੂੰ (ਵੱਡਾ) ਸਮਝ ਲੈਂਦਾ ਹੈ (ਤਾਂ ਸਮਝੋ) ਉਹ ਅੰਨ੍ਹਾ ਅੰਨ੍ਹਿਆਂ ਵਾਲਾ ਕੰਮ ਕਰਦਾ ਹੈ।
24605	556	ਨਾਨਕ ਹੁਕਮੁ ਕੋ ਗੁਰਮੁਖਿ ਬੁਝੈ ਜਿਸ ਨੋ ਕਿਰਪਾ ਕਰੇ ਰਜਾਇ॥੧॥		Naanak Hukam Ko Guramukh Bujhai Jis No Kirapaa Karae Rajaae ||1||	O Nanak, the Gurmukh understands the Hukam of the Lord's Command; the Lord showers His Mercy upon him. ||1||	ਹੇ ਨਾਨਕ! ਜਿਸ ਮਨੁੱਖ ਤੇ ਆਪਣੀ ਰਜ਼ਾ ਵਿਚ ਪ੍ਰਭੂ ਕਿਰਪਾ ਕਰਦਾ ਹੈ, ਉਹ ਕੋਈ ਵਿਰਲਾ ਗੁਰਮੁਖ ਹੁਕਮ ਦੀ ਪਛਾਣ ਕਰਦਾ ਹੈ ॥੧॥
24606	556	ਮਃ ੩॥		Ma 3 ||	Third Mehl:	
24607	556	ਸੋ ਜੋਗੀ ਜੁਗਤਿ ਸੋ ਪਾਏ ਜਿਸ ਨੋ ਗੁਰਮੁਖਿ ਨਾਮੁ ਪਰਾਪਤਿ ਹੋਇ॥		So Jogee Jugath So Paaeae Jis No Guramukh Naam Paraapath Hoe ||	He alone is a Yogi, and he alone finds the Way, who, as Gurmukh, obtains the Naam.	ਜਿਸ ਮਨੁੱਖ ਨੂੰ ਸਤਿਗੁਰੂ ਦੇ ਸਨਮੁਖ ਹੋ ਕੇ ਨਾਮ ਦੀ ਪ੍ਰਾਪਤੀ ਹੁੰਦੀ ਹੈ, (ਸਮਝੋ) ਉਹ ਸੱਚਾ ਜੋਗੀ ਹੈ, ਜਿਸ ਨੂੰ ਜੋਗ ਦੀ ਜਾਚ ਆਈ ਹੈ।

24608	556	ਤਿਸੁ ਜੋਗੀ ਕੀ ਨਗਰੀ ਸਭੁ ਕੋ ਵਸੈ ਭੇਖੀ ਜੋਗੁ ਨ ਹੋਇ॥	ਨੱਗਰੀ। ਭੇਖੀਂ	This Jogee Kee Nagaree Sabh Ko Vasai Bhaekhee Jog N Hoe ||	In the body-village of that Yogi are all blessings; this Yoga is not obtained by outward show.	ਐਸੇ ਜੋਗੀ ਦੇ ਸਰੀਰ (ਰੂਪ) ਨਗਰ ਵਿਚ ਹਰੇਕ (ਗੁਣ) ਵੱਸਦਾ ਹੈ ਪਰ ਸਿਰਫ਼ ਭੇਖ ਕਰ ਕੇ ਜੋਗੀ ਬਨਣ ਵਾਲਾ ਪ੍ਰਭੂ-ਮੇਲ ਨਹੀਂ ਕਰ ਸਕਦਾ।
24609	556	ਨਾਨਕ ਐਸਾ ਵਿਰਲਾ ਕੋ ਜੋਗੀ ਜਿਸੁ ਘਟਿ ਪਰਗਟੁ ਹੋਇ॥੨॥		Naanak Aisaa Viralaa Ko Jogee Jis Ghatt Paragatt Hoe ||2||	O Nanak, such a Yogi is very rare; the Lord is manifest in his heart. ||2||	ਹੇ ਨਾਨਕ! ਜਿਸ ਦੇ ਹਿਰਦੇ ਵਿਚ ਪ੍ਰਭੂ ਪ੍ਰਤੱਖ ਹੋ ਜਾਂਦਾ ਹੈ, ਇਹੋ ਜਿਹਾ ਕੋਈ ਵਿਰਲਾ ਜੋਗੀ ਹੁੰਦਾ ਹੈ ॥੨॥
24610	556	ਪਉੜੀ॥		Pourree ||	Pauree:	
24611	556	ਆਪੇ ਜੰਤ ਉਪਾਇਅਨੁ ਆਪੇ ਆਧਾਰੁ॥		Aapae Janth Oupaaeian Aapae Aadhhaar ||	He Himself created the creatures, and He Himself supports them.	ਉਸ ਨੇ ਆਪ ਹੀ ਜੀਵਾਂ ਨੂੰ ਪੈਦਾ ਕੀਤਾ ਹੈ ਤੇ ਆਪ ਹੀ (ਉਹਨਾਂ ਦਾ) ਆਸਰਾ (ਬਣਦਾ) ਹੈ।
24612	556	ਆਪੇ ਸੂਖਮੁ ਭਾਲੀਐ ਆਪੇ ਪਾਸਾਰੁ॥	(ਸੂਖਮੁ) ਅਦ੍ਰਿਸ਼ਟ	Aapae Sookham Bhaaleeai Aapae Paasaar ||	He Himself is seen to be subtle, and He Himself is obvious.	ਆਪ ਹੀ ਹਰੀ ਸੂਖਮ ਰੂਪ ਵੇਖੀਦਾ ਹੈ ਤੇ ਆਪ ਹੀ (ਸੰਸਾਰ ਦਾ) ਪਰਪੰਚ (ਰੂਪ) ਹੈ।
24613	556	ਆਪਿ ਇਕਾਤੀ ਹੋਇ ਰਹੈ ਆਪੇ ਵਡ ਪਰਵਾਰੁ॥	ਇਕਾਂਤੀ	Aap Eikaathee Hoe Rehai Aapae Vadd Paravaar ||	He Himself remains a solitary recluse, and He Himself has a huge family.	ਆਪ ਹੀ ਇਕੱਲਾ ਹੋ ਕੇ ਰਹਿੰਦਾ ਹੈ ਤੇ ਆਪ ਹੀ ਵੱਡੇ ਪਰਵਾਰ ਵਾਲਾ ਹੈ।

24614	556	ਨਾਨਕੁ ਮੰਗੈ ਦਾਨੁ ਹਰਿ ਸੰਤਾ ਰੇਨਾਰੁ॥		Naanak Mangai Dhaan Har Santhaa Raenaar ||	Nanak asks for the gift of the dust of the feet of the Saints of the Lord.	ਹੇ ਹਰੀ! ਨਾਨਕ ਤੇਰੇ ਸੰਤਾਂ ਦੀ ਚਰਨ-ਧੂੜ (ਰੂਪ) ਦਾਨ ਮੰਗਦਾ ਹੈ,
24615	556	ਹੋਰੁ ਦਾਤਾਰੁ ਨ ਸੁਝਈ ਤੂ ਦੇਵਣਹਾਰੁ॥੨੧॥੧॥ ਸੁਧੁ॥	ਸੁੱਧੁ	Hor Dhaathaar N Sujhee Thoo Dhaevanehaar ||21||1|| Sudhh ||	I cannot see any other Giver; You alone are the Giver, O Lord. ||21||1|| Sudh||	ਤੂੰ ਹੀ ਦੇਣ ਵਾਲਾ ਹੈਂ, ਕੋਈ ਹੋਰ ਦਾਤਾ ਮੈਨੂੰ ਦਿੱਸ ਨਹੀਂ ਆਉਂਦਾ ॥੨੧॥੧॥ਸੁਧੁ ॥
24616	557	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
24617	557	ਰਾਗੁ ਵਡਹੰਸੁ ਮਹਲਾ ੧ ਘਰੁ ੧॥		Raag Vaddehans Mehalaa 1 Ghar 1 ||	Raag Wadahans, First Mehl, First House:	ਰਾਗ ਵਡਹੰਸੁ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।

24618	557	ਅਮਲੀ ਅਮਲੁ ਨ ਅੰਬੜੈ ਮਛੀ ਨੀਰੁ ਨ ਹੋਇ॥	(ਅੰਬੜੈ) ਮਿਲੇ। ਅਮਲੀ ਅਮਲੁ:ਪੋਲੇ ਮਿਲਵੇਂ	Amalee Amal N Anbarrai Mashhee Neer N Hoe ||	To the addict, there is nothing like the drug; to the fish, there is nothing else like water.	(ਅਫ਼ੀਮ ਆਦਿਕ ਦੇ) ਅਮਲੀ ਨੂੰ ਜੇ (ਅਫ਼ੀਮ ਆਦਿਕ) ਅਮਲ (ਨਸ਼ਾ) ਨਾਹ ਮਿਲੇ ਤਾਂ ਉਹ ਇੰਜ ਹੈ ਜਿਵੇਂ ਮੱਛੀ ਨੂੰ ਪਾਣੀ ਨਾਹ ਮਿਲੇ (ਤਾਂ ਉਹ ਤੜਫ ਪੈਂਦੀ ਹੈ)।
24619	557	ਜੋ ਰਤੇ ਸਹਿ ਆਪਨੈ ਤਿਨ ਭਾਵੈ ਸਭੁ ਕੋਇ॥੧॥	ਰੱਤੇ	Jo Rathae Sehi Aapanai Thin Bhaavai Sabh Koe ||1||	Those who are attuned to their Lord - everyone is pleasing to them. ||1||	ਜੋ ਬੰਦੇ ਆਪਣੇ ਖਸਮ-ਪ੍ਰਭੂ ਦੇ ਪਿਆਰ ਵਿਚ ਰੰਗੇ ਹੋਏ ਹਨ (ਉਹ ਅੰਦਰੋਂ ਖਿੜੇ ਰਹਿੰਦੇ ਹਨ) ਉਹਨਾਂ ਨੂੰ ਹਰ ਕੋਈ ਚੰਗਾ ਲਗਦਾ ਹੈ ॥੧॥
24620	557	ਹਉ ਵਾਰੀ ਵੰਞਾ ਖੰਨੀਐ ਵੰਞਾ ਤਉ ਸਾਹਿਬ ਕੇ ਨਾਵੈ॥੧॥ਰਹਾਉ॥	(ਵੰਞਾ) ਜਾਵਾਂ। (ਖੰਨੀਐ) ਟੁੱਕੜੇ	Ho Vaaree Vannjaa Khanneeai Vannjaa Tho Saahib Kae Naavai ||1|| Rehaao ||	I am a sacrifice, cut apart into pieces, a sacrifice to Your Name, O Lord Master. ||1||Pause||	ਹੇ ਮੇਰੇ ਸਾਹਿਬ! ਮੈਂ ਤੇਰੇ ਨਾਮ ਤੋਂ ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ ॥੧॥ ਰਹਾਉ ॥
24621	557	ਸਾਹਿਬੁ ਸਫਲਿਓ ਰੁਖੜਾ ਅੰਮ੍ਰਿਤੁ ਜਾ ਕਾ ਨਾਉ॥		Saahib Safaliou Rukharraa Anmrith Jaa Kaa Naao ||	The Lord is the fruitful tree; His Name is ambrosial nectar.	(ਸਾਡਾ) ਮਾਲਿਕ-ਪ੍ਰਭੂ ਫਲਾਂ ਵਾਲਾ ਇਕ ਸੋਹਣਾ ਰੁੱਖ (ਸਮਝ ਲਵੋ), ਇਸ ਰੁੱਖ ਦਾ ਫਲ ਹੈ ਉਸ ਦਾ ਨਾਮ ਜੋ (ਜੀਵ ਨੂੰ) ਅਟੱਲ ਆਤਮਕ ਜੀਵਨ ਦੇਣ ਵਾਲਾ (ਰਸ) ਹੈ।

24622	557	ਜਿਨ ਪੀਆ ਤੇ ਤ੍ਰਿਪਤ ਭਏ ਹਉ ਤਿਨ ਬਲਿਹਾਰੈ ਜਾਉ॥੨॥		Jin Peeaa Thae Thripath Bheae Ho Thin Balihaarai Jaao ||2||	Those who drink it in are satisfied; I am a sacrifice to them. ||2||	ਜਿਨ੍ਹਾਂ ਇਹ ਰਸ ਪੀਤਾ ਹੈ ਉਹ (ਮਾਇਕ ਪਦਾਰਥਾਂ ਦੀ ਭੁੱਖ ਤ੍ਰੇਹ ਵਲੋਂ) ਰੱਜ ਜਾਂਦੇ ਹਨ; ਮੈਂ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ ॥੨॥
24623	557	ਮੈ ਕੀ ਨਦਰਿ ਨ ਆਵਹੀ ਵਸਹਿ ਹਭੀਆਂ ਨਾਲਿ॥	(ਮੈ) ਦਾਸਨ ਦਾਸੀ। (ਕੀ) ਕਿਉਂ ਨਹੀਂ। ਮਹਾਤਮਾ ਰੂਪੀ। (ਹੱਭੀਆਂ) ਸਾਰੀਆਂ ਸਖੀਆਂ ਨਾਲਿ	Mai Kee Nadhar N Aavehee Vasehi Habheeaaan Naal ||	You are not visible to me, although You dwell with everyone.	(ਹੇ ਪ੍ਰਭੂ!) ਤੂੰ ਸਭ ਜੀਵਾਂ ਦੇ ਅੰਗ ਸੰਗ ਵੱਸਦਾ ਹੈਂ, ਪਰ ਤੂੰ ਮੈਨੂੰ ਨਹੀਂ ਦਿੱਸਦਾ।
24624	557	ਤਿਖਾ ਤਿਹਾਇਆ ਕਿਉ ਲਹੈ ਜਾ ਸਰ ਭੀਤਰਿ ਪਾਲਿ॥੩॥	(ਪਾਲਿ) ਕੰਧ। ਤਿਖਾ ਪੋਲਾ	Thikhaa Thihaaeiaa Kio Lehai Jaa Sar Bheethar Paal ||3||	How can the thirst of the thirsty be quenched, with that wall between me and the pond? ||3||	ਤ੍ਰੇਹ ਨਾਲ ਤੜਪ ਰਹੇ ਨੂੰ (ਪਾਣੀ) ਲੱਭੇ ਭੀ ਕਿਵੇਂ, ਜਦੋਂ ਉਸ ਦੇ ਅਤੇ (ਉਸ ਦੇ ਅੰਦਰਲੇ) ਸਰੋਵਰ ਦੇ ਵਿਚਕਾਰ (ਮਾਇਆ-ਮੋਹ ਦੀ) ਕੰਧ ਬਣੀ ਹੋਵੇ?॥੩॥
24625	557	ਨਾਨਕੁ ਤੇਰਾ ਬਾਣੀਆ ਤੂ ਸਾਹਿਬੁ ਮੈ ਰਾਸਿ॥		Naanak Thaeraa Baaneeaa Thoo Saahib Mai Raas ||	Nanak is Your merchant; You, O Lord Master, are my merchandise.	ਨਾਨਕ ਤੇਰੇ ਨਾਮ ਦਾ ਵਣਜਾਰਾ ਬਣ ਜਾਏ, ਤੂੰ ਮੇਰਾ ਸ਼ਾਹ ਹੋਵੇਂ ਤੇ ਤੇਰਾ ਨਾਮ ਮੇਰੀ ਪੂੰਜੀ ਬਣੇ।

24626	557	ਮਨ ਤੇ ਧੋਖਾ ਤਾ ਲਹੈ ਜਾ ਸਿਫਤਿ ਕਰੀ ਅਰਦਾਸਿ॥੪॥੧॥		Man Thae Dhhokhaa Thaa Lehai Jaa Sifath Karee Aradhaas ||4||1||	My mind is cleansed of doubt, only when I praise You, and pray to You. ||4||1||	ਮੇਰੇ ਮਨ ਤੋਂ ਸਹਮ ਤਦੋਂ ਹੀ ਦੂਰ ਹੋ ਸਕਦਾ ਹੈ ਜੇ ਮੈਂ ਸਦਾ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਰਹਾਂ ਤੇ ਉਸ ਦੇ ਦਰ ਤੇ ਅਰਦਾਸ-ਅਰਜ਼ੋਈ ਕਰਦਾ ਰਹਾਂ ॥੪॥੧॥
24627	557	ਵਡਹੰਸੁ ਮਹਲਾ ੧॥		Vaddehans Mehalaa 1 ||	Wadahans, First Mehl:	
24628	557	ਗੁਣਵੰਤੀ ਸਹੁ ਰਾਵਿਆ ਨਿਰਗੁਣਿ ਕੂਕੇ ਕਾਇ॥		Gunavanthee Sahu Raaviaa Niragun Kookae Kaae ||	The virtuous bride enjoys her Husband Lord; why does the unworthy one cry out?	ਗੁਣਾਵਾਲੀ ਜੀਵ-ਇਸਤ੍ਰੀ ਪ੍ਰਭੂ-ਪਤੀ (ਦਾ ਪੱਲਾ ਫੜ ਕੇ ਉਸ) ਨੂੰ ਪ੍ਰਸੰਨ ਕਰ ਲੈਂਦੀ ਹੈ (ਭਾਵ, ਆਤਮਕ ਸੁਖ ਮਾਣਦੀ ਹੈ) ਪਰ ਜਿਸ ਦੇ ਪੱਲੇ (ਨਾਮ) ਗੁਣ ਨਹੀਂ ਹੈ ਉਹ ਕਿਉਂ ਵਿਅਰਥ ਹੀ ਤਰਲੇ ਲੈਂਦੀ ਹੈ?
24629	557	ਜੇ ਗੁਣਵੰਤੀ ਥੀ ਰਹੈ ਤਾ ਭੀ ਸਹੁ ਰਾਵਣ ਜਾਇ॥੧॥		Jae Gunavanthee Thhee Rehai Thaa Bhee Sahu Raavan Jaae ||1||	If she were to become virtuous, then she too could enjoy her Husband Lord. ||1||	ਪਰ, ਹਾਂ, ਜੇ ਉਸ ਦੇ ਅੰਦਰ ਭੀ ਇਹ ਗੁਣ ਆ ਜਾਏ, ਤਾਂ ਖਸਮ-ਪ੍ਰਭੂ ਨੂੰ ਪ੍ਰਸੰਨ ਕਰਨ ਦਾ ਸਫਲ ਉੱਦਮ ਕਰ ਸਕਦੀ ਹੈ ॥੧॥
24630	557	ਮੇਰਾ ਕੰਤੁ ਰੀਸਾਲੂ ਕੀ ਧਨ ਅਵਰਾ ਰਾਵੇ ਜੀ॥੧॥ਰਹਾਉ॥		Maeraa Kanth Reesaaloo Kee Dhhan Avaraa Raavae Jee ||1|| Rehaao ||	My Husband Lord is loving and playful; why should the soul-bride enjoy anyone else? ||1||Pause||	ਹੇ ਭੈਣ! (ਜਿਸ ਜੀਵ-ਇਸਤ੍ਰੀ ਨੂੰ ਇਹ ਯਕੀਨ ਬਣ ਜਾਏ ਕਿ) ਮੇਰਾ ਖਸਮ-ਪ੍ਰਭੂ ਸਾਰੇ ਸੁਖਾਂ ਦਾ ਸੋਮਾ ਹੈ, ਉਹ (ਖਸਮ-ਪ੍ਰਭੂ ਨੂੰ ਛੱਡ ਕੇ) ਹੋਰਨਾਂ ਨੂੰ (ਸੁਖਾਂ ਦਾ ਵਸੀਲਾ ਸਮਝ ਕੇ) ਪ੍ਰਸੰਨ ਕਰਨ ਨਹੀਂ ਤੁਰੀ ਫਿਰਦੀ ॥੧॥ ਰਹਾਉ ॥

24631	557	ਕਰਣੀ ਕਾਮਣ ਜੇ ਥੀਐ ਜੇ ਮਨੁ ਧਾਗਾ ਹੋਇ॥	(ਕਰਣੀ) ਉੱਚਾ ਜੀਵਨ। ਕੱਾਮਣ	Karanee Kaaman Jae Thheeai Jae Man Dhhaagaa Hoe ||	If the soul-bride does good deeds, and strings them on the thread of her mind,	ਜੇ ਜੀਵ-ਇਸਤ੍ਰੀ ਦਾ ਉੱਚਾ ਆਚਰਨ ਕਾਮਣ ਪਾਣ ਦਾ ਕੰਮ ਦੇਵੇ, ਜੇ ਉਸ ਦਾ ਮਨ ਧਾਗਾ ਬਣੇ,
24632	557	ਮਾਣਕੁ ਮੁਲਿ ਨ ਪਾਈਐ ਲੀਜੈ ਚਿਤਿ ਪਰੋਇ॥੨॥	ਮੁੱਲਿ	Maanak Mul N Paaeeai Leejai Chith Paroe ||2||	She obtains the jewel, which cannot be purchased for any price, strung upon the thread of her consciousness. ||2||	ਤਾਂ ਇਸ ਮਨ ਧਾਗੇ ਦੀ ਰਾਹੀਂ ਉਸ ਨਾਮ-ਮੋਤੀ ਨੂੰ ਆਪਣੇ ਚਿੱਤ ਵਿਚ ਪ੍ਰੋ ਲਏ ਜੋ ਉਂਜ ਮੁੱਲ ਨਾਲ ਨਹੀਂ ਮਿਲ ਸਕਦਾ ॥੨॥
24633	557	ਰਾਹੁ ਦਸਾਈ ਨ ਜੁਲਾਂ ਆਖਾਂ ਅੰਮੜੀਆਸੁ॥	(ਦਸਾਈ) ਪੁੱਛਦੀ ਹਾਂ। (ਜੁੱਲਾਂ) ਚੱਲਦੀ। (ਅੰਮੜੀ-ਆਸੁ) ਪਹੁੰਚ ਗਈ ਹਾਂ	Raahu Dhasaaee N Julaan Aakhaan Anmarreeaas ||	I ask, but do not follow the way shown to me; still, I claim to have reached my destination.	ਜੇ ਮੈਂ (ਪ੍ਰਭੂ) ਪਹੁੰਚਣ ਦਾ ਰਾਹ ਪੁਛਦੀ ਰਹਾਂ ਪਰ ਰਸਤੇ ਉਤੇ ਕਦੀ ਨਾਂ ਤੁਰਾਂ,
24634	557	ਤੈ ਸਹ ਨਾਲਿ ਅਕੂਅਣਾ ਕਿਉ ਥੀਵੈ ਘਰ ਵਾਸੁ॥੩॥	(ਅਕੂਅਣਾ) ਬੋਲਣਾਨਹੀਂ	Thai Seh Naal Akooanaa Kio Thheevai Ghar Vaas ||3||	I do not speak with You, O my Husband Lord; how then can I come to have a place in Your home? ||3||	ਅਤੇ ਕਦੇ ਤੇਰੇ ਨਾਲ ਬੋਲ ਚਾਲ ਨਾਹ ਬਣਾਇਆ ਹੋਵੇ ਇਸ ਤਰ੍ਹਾਂ ਤੇਰੇ ਚਰਨਾਂ ਵਿਚ ਟਿਕਾਣਾ ਨਹੀਂ ਮਿਲ ਸਕਦਾ ॥੩॥
24635	557	ਨਾਨਕ ਏਕੀ ਬਾਹਰਾ ਦੂਜਾ ਨਾਹੀ ਕੋਇ॥		Naanak Eaekee Baaharaa Dhoojaa Naahee Koe ||	O Nanak, without the One Lord, there is no other at all.	ਹੇ ਨਾਨਕ! ਇਕ ਪਰਮਾਤਮਾ ਤੋਂ ਬਿਨਾ ਹੋਰ ਕੋਈ ਭੀ ਸੁਖ-ਦਾਤਾ ਨਹੀਂ,

24636	557	ਤੈ ਸਹ ਲਗੀ ਜੇ ਰਹੈ ਭੀ ਸਹੁ ਰਾਵੈ ਸੋਇ॥੪॥੨॥		Thai Seh Lagee Jae Rehai Bhee Sahu Raavai Soe ||4||2||	If the soul-bride remains attached to You, then she shall enjoy her Husband Lord. ||4||2||	ਜੇਹੜੀ ਜੀਵ-ਇਸਤ੍ਰੀ ਤੇਰੇ ਚਰਨਾਂ ਵਿਚ ਜੁੜੀ ਰਹਿੰਦੀ ਹੈ ਉਹ ਤੈਨੂੰ ਪ੍ਰਸੰਨ ਕਰ ਲੈਂਦੀ ਹੈ (ਤੇ ਆਤਮਕ ਸੁਖ ਮਾਣਦੀ ਹੈ) ॥੪॥੨॥
24637	557	ਵਡਹੰਸੁ ਮਹਲਾ ੧ ਘਰੁ ੨॥		Vaddehans Mehalaa 1 Ghar 2 ||	Wadahans, First Mehl, Second House:	
24638	557	ਮੋਰੀ ਰੁਣ ਝੁਣ ਲਾਇਆ ਭੈਣੇ ਸਾਵਣੁ ਆਇਆ॥	(ਮੋਰੀਂ)ਇੰਦ੍ਰਿਆਂ। ਸ਼ੌਂਕ ਅਵਸਥਾ ਰੂਪ ਸਾਵਣੁ	Moree Run Jhun Laaeiaa Bhainae Saavan Aaeiaa ||	The peacocks are singing so sweetly, O sister; the rainy season of Saawan has come.	ਹੇ ਭੈਣ! ਮੋਰਾਂ ਨੇ ਮਿੱਠੇ ਗੀਤ ਸ਼ੁਰੂ ਕਰ ਦਿੱਤੇ ਹਨ ਕਿਉਂ ਕਿ ਸਾਵਨ (ਦਾ ਮਹੀਨਾ) ਆ ਗਿਆ ਹੈ।
24639	557	ਤੇਰੇ ਮੁੰਧ ਕਟਾਰੇ ਜੇਵਡਾ ਤਿਨਿ ਲੋਭੀ ਲੋਭ ਲੁਭਾਇਆ॥	(ਮੁੰਧ) ਜੀਵ ਇਸਤ੍ਰੀ। (ਜੇਵਡਾ) ਪ੍ਰੇਮ ਰੂਪੀ ਜੇਵੜਾ ਫਾਹੀ। (ਕਟਾਰੇ) ਤਿੱਖੀਆਂ ਅੱਖਾਂ	Thaerae Mundhh Kattaarae Jaevaddaa Thin Lobhee Lobh Lubhaaeiaa ||	Your beauteous eyes are like a string of charms, fascinating and enticing the soul-bride.	ਮੈਂ ਜੀਵ-ਇਸਤ੍ਰੀ ਵਾਸਤੇ ਇਹ ਕਟਾਰ ਦੀ ਫਾਹੀ ਹੈ ਜਿਸ ਨੇ ਮੈਨੂੰ ਤੇਰੇ ਦੀਦਾਰ ਦੀ ਪ੍ਰੇਮਣ ਨੂੰ ਮੋਹ ਲਿਆ ਹੈ।
24640	557	ਤੇਰੇ ਦਰਸਨ ਵਿਟਹੁ ਖੰਨੀਐ ਵੰਞਾ ਤੇਰੇ ਨਾਮ ਵਿਟਹੁ ਕੁਰਬਾਣੋ॥	(ਖੰਨੀਐ) ਟੋਟੇ ਟੋਟੇ। (ਵੰਞਾ) ਹੋਵਾਂ	Thaerae Dharasan Vittahu Khanneeai Vannjaa Thaerae Naam Vittahu Kurabaano ||	I would cut myself into pieces for the Blessed Vision of Your Darshan; I am a sacrifice to Your Name.	(ਹੇ ਪ੍ਰਭੂ!) ਤੇਰੇ ਇਸ ਸੋਹਣੇ ਸਰੂਪ ਤੋਂ ਜੋ ਹੁਣ ਦਿੱਸ ਰਿਹਾ ਹੈ ਮੈਂ ਸਦਕੇ ਹਾਂ ਸਦਕੇ ਹਾਂ ਤੇ ਮੈਂ ਤੇਰੇ ਨਾਮ ਤੋਂ ਕੁਰਬਾਨ ਹਾਂ।

24641	557	ਜਾ ਤੂ ਤਾ ਮੈ ਮਾਣੁ ਕੀਆ ਹੈ ਤੁਧੁ ਬਿਨੁ ਕੇਹਾ ਮੇਰਾ ਮਾਣੋ॥		Jaa Thoo Thaa Mai Maan Keeaa Hai Thudhh Bin Kaehaa Maeraa Maano ||	I take pride in You; without You, what could I be proud of?	ਇਸੇ ਕਰਕੇ ਚੂੰਕਿ ਤੂੰ ਦਿਸ ਰਿਹਾ ਹੈਂ, ਮੈਂ ਮਾਣ (ਹੌਸਲਾ) ਕੀਤਾ ਹੈ ਪਰ ਜੇ ਕੁਦਰਤਿ ਵਿਚ ਤੂੰ ਨਾਂ ਦਿੱਸੇਂ ਤਾਂ ਮੈਂ ਮਾਣ ਕੈਸੇ ਕਰਾਂ।
24642	557	ਚੂੜਾ ਭੰਨੁ ਪਲੰਘ ਸਿਉ ਮੁੰਧੇ ਸਣੁ ਬਾਹੀ ਸਣੁ ਬਾਹਾ॥	(ਸਣੁ) ਸਮੇਤ। ਪ-ਲੰਘ	Choorraa Bhann Palangh Sio Mundhhae San Baahee San Baahaa ||	So smash your bracelets along with your bed, O soul-bride, and break your arms, along with the arms of your couch.	ਪਲੰਘ ਨਾਲ ਮਾਰ ਕੇ ਆਪਣਾ ਚੂੜਾ ਭੰਨ ਦੇ, ਪਲੰਘ ਦੀਆਂ ਹੀਆਂ ਭੀ ਭੰਨ ਦੇ ਤੇ ਆਪਣੀਆਂ ਸਜਾਈਆਂ ਬਾਹਾਂ ਭੀ ਭੰਨ ਦੇ।
24643	557	ਏਤੇ ਵੇਸ ਕਰੇਦੀਏ ਮੁੰਧੇ ਸਹੁ ਰਾਤੋ ਅਵਰਾਹਾ॥	(ਸਹੁ) ਪਤੀ ਪ੍ਰਮਾਤਮਾ। (ਰਾਤੋ) ਰੱਤਾ। (ਅਵਰਾਹਾ) ਹੋਰਾਂ ਨਾਲ	Eaethae Vaes Karaedheeeae Mundhhae Sahu Raatho Avaraahaa ||	In spite of all the decorations which you have made, O soul-bride, your Husband Lord is enjoying someone else.	ਹੇ ਇਤਨੇ ਸਿੰਗਾਰ ਕਰਦੀਏ ਨਾਰੇ! ਜੇ ਤੇਰਾ ਪਤੀ (ਫਿਰ ਭੀ) ਹੋਰਨਾਂ ਨਾਲ ਹੀ ਪਿਆਰ ਕਰਦਾ ਰਿਹਾ (ਤਾਂ ਇਹਨਾਂ ਸਿੰਗਾਰਾਂ ਦਾ ਕੀਹ ਲਾਭ?)
24644	558	ਨਾ ਮਨੀਆਰੁ ਨ ਚੂੜੀਆ ਨਾ ਸੇ ਵੰਗੁੜੀਆਹਾ॥	(ਮਨੀਆਰੁ) ਚੂੜੀਆਂ ਚਾੜ੍ਹਨ ਵਾਲਾ	Naa Maneeaar N Choorreeaa Naa Sae Vangurreeaahaa ||	You don't have the bracelets of gold, nor the good crystal jewelry; you haven't dealt with the true jeweller.	ਕਿਉਂਕਿ ਨਾਹ ਇਹਨਾਂ ਬਾਹਾਂ ਨੂੰ ਸਜਾਣ ਵਾਲਾ ਮਨਿਆਰ ਹੀ ਤੇਰਾ ਕੁਝ ਸਵਾਰ ਸਕਿਆ, ਨਾਹ ਹੀ ਉਸ ਦੀਆਂ ਦਿੱਤੀਆਂ ਚੂੜੀਆਂ ਤੇ ਵੰਗਾਂ ਕਿਸੇ ਕੰਮ ਆਈਆਂ।
24645	558	ਜੋ ਸਹ ਕੰਠਿ ਨ ਲਗੀਆ ਜਲਨੁ ਸਿ ਬਾਹੜੀਆਹਾ॥		Jo Seh Kanth N Lageeaa Jalan S Baaharreeaahaa ||	Those arms, which do not embrace the neck of the Husband Lord, burn in anguish.	ਸੜ ਜਾਣ ਉਹ (ਸਜਾਈਆਂ) ਬਾਹਾਂ ਜੋ ਖਸਮ ਦੇ ਗਲ ਨਾਹ ਲੱਗ ਸਕੀਆਂ।

24646	558	ਸਭਿ ਸਹੀਆ ਸਹੁ ਰਾਵਣਿ ਗਈਆ ਹਉ ਦਾਧੀ ਕੈ ਦਰਿ ਜਾਵਾ॥	ਵਿਕਾਰਾਂ ਚ (ਦਾਧੀ) ਸੜੀ ਹੋਈ	Sabh Seheeaa Sahu Raavan Geeaa Ho Dhaadhhee Kai Dhar Jaavaa ||	All my companions have gone to enjoy their Husband Lord; which door should I, the wretched one, go to?	ਸਾਰੀਆਂ ਸਹੇਲੀਆਂ (ਤਾਂ) ਪ੍ਰਭੂ-ਪਤੀ ਨੂੰ ਪ੍ਰਸੰਨ ਕਰਨ ਦੇ ਜਤਨ ਕਰ ਰਹੀਆਂ ਹਨ ਤੇ ਮੈਂ ਸੜੇ ਕਰਮਾਂ ਵਾਲੀ ਕਿਸ ਦੇ ਦਰ ਤੇ ਜਾਵਾਂ?
24647	558	ਅੰਮਾਲੀ ਹਉ ਖਰੀ ਸੁਚਜੀ ਤੈ ਸਹ ਏਕਿ ਨ ਭਾਵਾ॥	(ਅੰਮਾਲੀ) ਹੇ ਸਖੀ, ਵਾ ਕਰਮਾਂ ਕਰਕੇ। ਸੁਚੱਜੀ	Anmaalee Ho Kharee Suchajee Thai Seh Eaek N Bhaavaa ||	O friend, I may look very attractive, but I am not pleasing to my Husband Lord at all.	ਹੇ ਸਖੀ! ਮੈਂ ਆਪਣੇ ਵਲੋਂ ਤਾਂ ਬੜੀ ਚੰਗੀ ਕਰਤੂਤ ਵਾਲੀ ਬਣੀ ਬੈਠੀ ਹਾਂ, ਪਰ, ਪ੍ਰਭੂ ਪਤੀ ਨੂੰ ਮੇਰਾ ਇੱਕ ਭੀ ਗੁਣ ਪਸੰਦ ਨਹੀਂ ਆਇਆ।
24648	558	ਮਾਠਿ ਗੁੰਦਾਈਂ ਪਟੀਆ ਭਰੀਐ ਮਾਗ ਸੰਧੂਰੇ॥	(ਮਾਠਿ) ਸਵਾਰ ਕੇ। ਮਾਂਗ	Maath Gundhaaeanaee Patteeaa Bhareeai Maag Sandhhoorae ||	I have woven my hair into lovely braids, and saturated their partings with vermillion;	ਮੈਂ ਸਵਾਰ ਸਵਾਰ ਕੇ ਪੱਟੀਆਂ ਗੁੰਦਾਂਦੀ ਹਾਂ, ਮੇਰੀਆਂ ਪੱਟੀਆਂ ਦੇ ਚੀਰ ਵਿਚ ਸੰਧੂਰ ਭੀ ਭਰਿਆ ਜਾਂਦਾ ਹੈ,
24649	558	ਅਗੈ ਗਈ ਨ ਮੰਨੀਆ ਮਰਉ ਵਿਸੂਰਿ ਵਿਸੂਰੇ॥	(ਵਿਸੂਰਿ) ਪਛੁਤਾਕੇ	Agai Gee N Manneeaa Maro Visoor Visoorae ||	But when I go before Him, I am not accepted, and I die, suffering in anguish.	ਪਰ ਤੇਰੀ ਹਜ਼ੂਰੀ ਵਿਚ ਮੈਂ ਫਿਰ ਭੀ ਪ੍ਰਵਾਨ ਨਹੀਂ ਹੋ ਰਹੀ, (ਇਸ ਵਾਸਤੇ) ਝੂਰ ਝੂਰ ਕੇ ਮਰ ਰਹੀ ਹਾਂ।
24650	558	ਮੈ ਰੋਵੰਦੀ ਸਭੁ ਜਗੁ ਰੁਨਾ ਰੁੰਨੜੇ ਵਣਹੁ ਪੰਖੇਰੂ॥	(ਰੁੰਨਾ) ਰੋਂਦਾ	Mai Rovandhee Sabh Jag Runaa Runnarrae Vanahu Pankhaeroo ||	I weep; the whole world weeps; even the birds of the forest weep with me.	ਮੈਂ ਇਤਨੀ ਦੁਖੀ ਹੋ ਰਹੀ ਹਾਂ (ਕਿ) ਸਾਰਾ ਜਗਤ ਮੇਰੇ ਉਤੇ ਤਰਸ ਕਰ ਰਿਹਾ ਹੈ, ਜੰਗਲ ਦੇ ਪੰਛੀ ਭੀ ਮੇਰੇ ਤੇ ਤਰਸ ਕਰ ਰਹੇ ਹਨ।

24651	558	ਇਕੁ ਨ ਰੁਨਾ ਮੇਰੇ ਤਨ ਕਾ ਬਿਰਹਾ ਜਿਨਿ ਹਉ ਪਿਰਹੁ ਵਿਛੋੜੀ॥	(ਬਿਰਹਾ) ਵਿਛੋੜਾ	Eik N Runaa Maerae Than Kaa Birehaa Jin Ho Pirahu Vishhorree ||	The only thing which doesn't weep is my body's sense of separateness, which has separated me from my Lord.	ਸਿਰਫ਼ ਇਹ ਮੇਰੇ ਅੰਦਰਲਾ ਵਿਛੋੜਾ ਹੀ ਹੈ ਜੋ ਤਰਸ ਨਹੀਂ ਕਰਦਾ, ਇਸੇ ਨੇ ਮੈਨੂੰ ਪ੍ਰਭੂ-ਪਤੀ ਤੋਂ ਵਿਛੋੜਿਆ ਹੋਇਆ ਹੈ।
24652	558	ਸੁਪਨੈ ਆਇਆ ਭੀ ਗਇਆ ਮੈ ਜਲੁ ਭਰਿਆ ਰੋਇ॥	ਗ-ਇਆ	Supanai Aaeiaa Bhee Gaeiaa Mai Jal Bhariaa Roe ||	In a dream, He came, and went away again; I cried so many tears.	ਮੈਨੂੰ ਤੂੰ ਸੁਪਨੇ ਵਿਚ ਮਿਲਿਆ (ਸੁਪਨਾ ਮੁੱਕਿਆ, ਤੇ ਤੂੰ) ਫਿਰ ਚਲਾ ਗਿਆ, (ਵਿਛੋੜੇ ਦੇ ਦੁੱਖ ਵਿਚ) ਮੈਂ ਹੰਝੂ ਭਰ ਕੇ ਰੋਈ।
24653	558	ਆਇ ਨ ਸਕਾ ਤੁਝ ਕਨਿ ਪਿਆਰੇ ਭੇਜਿ ਨ ਸਕਾ ਕੋਇ॥	(ਕਨਿ) ਵੱਲ। ਸਕਾਂ	Aae N Sakaa Thujh Kan Piaarae Bhaej N Sakaa Koe ||	I can't come to You, O my Beloved, and I can't send anyone to You.	ਹੇ ਪਿਆਰੇ! ਮੈਂ (ਨਿਮਾਣੀ) ਤੇਰੇ ਪਾਸ ਅੱਪੜ ਨਹੀਂ ਸਕਦੀ, ਤੇ ਮੈਂ (ਗ਼ਰੀਬ) ਕਿਸੇ ਨੂੰ ਤੇਰੇ ਪਾਸ ਘੱਲ ਨਹੀਂ ਸਕਦੀ (ਜੋ ਮੇਰੀ ਹਾਲਤ ਤੈਨੂੰ ਦੱਸੇ)।
24654	558	ਆਉ ਸਭਾਗੀ ਨੀਦੜੀਏ ਮਤੁ ਸਹੁ ਦੇਖਾ ਸੋਇ॥		Aao Sabhaagee Needharreeeae Math Sahu Dhaekhaa Soe ||	Come to me, O blessed sleep - perhaps I will see my Husband Lord again.	ਨੀਂਦ ਅੱਗੇ ਹੀ ਤਰਲੇ ਕਰਦੀ ਹਾਂ ਕਿ ਹੇ ਭਾਗਾਂ ਵਾਲੀ ਸੋਹਣੀ ਨੀਂਦ ਤੂੰ (ਮੇਰੇ ਕੋਲ ਆ) ਸ਼ਾਇਦ (ਤੇਰੀ ਰਾਹੀਂ ਹੀ) ਮੈਂ ਆਪਣੇ ਖਸਮ-ਪ੍ਰਭੂ ਦਾ ਦੀਦਾਰ ਕਰ ਸਕਾਂ।

24655	558	ਤੈ ਸਾਹਿਬ ਕੀ ਬਾਤ ਜਿ ਆਖੈ ਕਹੁ ਨਾਨਕ ਕਿਆ ਦੀਜੈ॥		Thai Saahib Kee Baath J Aakhai Kahu Naanak Kiaa Dheejai ||	One who brings me a message from my Lord and Master - says Nanak, what shall I give to Him?	ਨਾਨਕ ਆਖਦਾ ਹੈ ਕਿ ਜੇ ਕੋਈ ਗੁਰਮੁਖਿ ਮੈਨੂੰ ਤੇਰੀ ਕੋਈ ਗੱਲ ਸੁਣਾਵੇ ਤਾਂ ਮੈਂ ਉਸ ਅੱਗੇ ਕੇਹੜੀ ਭੇਟ ਧਰਾਂ!
24656	558	ਸੀਸੁ ਵਢੇ ਕਰਿ ਬੈਸਣੁ ਦੀਜੈ ਵਿਣੁ ਸਿਰ ਸੇਵ ਕਰੀਜੈ॥	ਵੱਢੇ	Sees Vadtae Kar Baisan Dheejai Vin Sir Saev Kareejai ||	Cutting off my head, I give it to Him to sit upon; without my head, I shall still serve Him.	ਆਪਣਾ ਸਿਰ ਵੱਢ ਕੇ ਮੈਂ ਉਸ ਦੇ ਬੈਠਣ ਲਈ ਆਸਣ ਬਣਾ ਦਿਆਂ (ਭਾਵ,) ਆਪਾ-ਭਾਵ ਦੂਰ ਕਰ ਕੇ ਮੈਂ ਉਸ ਦੀ ਸੇਵਾ ਕਰਾਂ।
24657	558	ਕਿਉ ਨ ਮਰੀਜੈ ਜੀਅੜਾ ਨ ਦੀਜੈ ਜਾ ਸਹੁ ਭਇਆ ਵਿਡਾਣਾ॥੧॥੩॥	(ਵਿਡਾਣਾ) ਬਿਗਾਨਾ। ਭ–ਇਆ	Kio N Mareejai Jeearraa N Dheejai Jaa Sahu Bhaeiaa Viddaanaa ||1||3||	Why haven't I died? Why hasn't my life just ended? My Husband Lord has become a stranger to me. ||1||3||	ਜਦੋਂ ਸਾਡਾ ਪ੍ਰਭੂ-ਪਤੀ ਸਾਥੋਂ ਓਪਰਾ ਹੋ ਜਾਏ ਤਾਂ ਅਸੀਂ ਆਪਾ-ਭਾਵ ਕਿਉਂ ਨਾ ਮਾਰ ਦੇਈਏ ਤੇ ਆਪਣੀ ਜਿੰਦ ਉਸ ਤੋਂ ਸਦਕੇ ਕਰ ਦੇਈਏ ॥੧॥੩॥
24658	558	ਵਡਹੰਸੁ ਮਹਲਾ ੩ ਘਰੁ ੧		Vaddehans Mehalaa 3 Ghar 1	Wadahans, Third Mehl, First House:	ਰਾਗ ਵਡਹੰਸ, ਘਰ ੧ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।
24659	558	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

24660	558	ਮਨਿ ਮੈਲੈ ਸਭੁ ਕਿਛੁ ਮੈਲਾ ਤਨਿ ਧੋਤੈ ਮਨੁ ਹਛਾ ਨ ਹੋਇ॥		Man Mailai Sabh Kishh Mailaa Than Dhhothai Man Hashhaa N Hoe ||	When the mind is filthy, everything is filthy; by washing the body, the mind is not cleaned.	ਜੇ ਮਨੁੱਖ ਦਾ ਮਨ (ਵਿਕਾਰਾਂ ਨਾਲ) ਮੈਲਾ ਹੈ ਤਾਂ ਸਭ ਕੁਝ ਮੈਲਾ ਹੈ ਅਤੇ ਇਸ਼ਨਾਨ ਕਰਾਣ ਨਾਲ ਮਨ ਪਵਿਤ੍ਰ ਨਹੀਂ ਹੋ ਸਕਦਾ।
24661	558	ਇਹ ਜਗਤੁ ਭਰਮਿ ਭੁਲਾਇਆ ਵਿਰਲਾ ਬੂਝੈ ਕੋਇ॥੧॥	ਜੱਗਤੁ	Eih Jagath Bharam Bhulaaeiaa Viralaa Boojhai Koe ||1||	This world is deluded by doubt; how rare are those who understand this. ||1||	ਪਰ ਇਹ ਸੰਸਾਰ ਭੁਲੇਖੇ ਵਿਚ ਪੈ ਕੇ ਕੁਰਾਹੇ ਤੁਰਿਆ ਜਾ ਰਿਹਾ ਹੈ, ਕੋਈ ਵਿਰਲਾ ਹੀ (ਇਸ ਸੱਚਾਈ ਨੂੰ) ਸਮਝਦਾ ਹੈ ॥੧॥
24662	558	ਜਪਿ ਮਨ ਮੇਰੇ ਤੂ ਏਕੋ ਨਾਮੁ॥		Jap Man Maerae Thoo Eaeko Naam ||	O my mind, chant the One Name.	ਹੇ ਮੇਰੇ ਮਨ! ਤੂੰ ਸਿਰਫ਼ ਪਰਮਾਤਮਾ ਦਾ ਇਕ ਨਾਮ ਹੀ ਜਪਿਆ ਕਰ।
24663	558	ਸਤਗੁਰਿ ਦੀਆ ਮੋਕਉ ਏਹੁ ਨਿਧਾਨੁ॥੧॥ਰਹਾਉ॥		Sathigur Dheeaa Mo Ko Eaehu Nidhhaan ||1|| Rehaao ||	The True Guru has given me this treasure. ||1||Pause||	ਇਹ (ਨਾਮ-) ਖ਼ਜ਼ਾਨਾ ਮੈਨੂੰ ਗੁਰੂ ਨੇ ਬਖ਼ਸ਼ਿਆ ਹੈ ॥੧॥ ਰਹਾਉ ॥
24664	558	ਸਿਧਾ ਕੇ ਆਸਣ ਜੇ ਸਿਖੈ ਇੰਦ੍ਰੀ ਵਸਿ ਕਰਿ ਕਮਾਇ॥	ਸਿੱਧਾਂ। ਸਿੱਖੈ। ਵੱਸਿ	Sidhhaa Kae Aasan Jae Sikhai Eindhree Vas Kar Kamaae ||	Even if one learns the Yogic postures of the Siddhas, and holds his sexual energy in check,	ਜੇ ਮਨੁੱਖ ਕਰਾਮਾਤੀ ਜੋਗੀਆਂ ਵਾਲੇ ਆਸਣ ਕਰਨੇ ਸਿੱਖ ਲਏ ਤੇ ਕਾਮ-ਵਾਸਨਾ ਨੂੰ ਜਿੱਤ ਕੇ (ਆਸਣਾਂ ਦੇ ਅੱਭਿਆਸ ਦੀ) ਕਮਾਈ ਕਰਨ ਲੱਗ ਪਏ,

24665	558	ਮਨ ਕੀ ਮੈਲੁ ਨ ਉਤਰੈ ਹਉਮੈ ਮੈਲੁ ਨ ਜਾਇ॥੨॥		Man Kee Mail N Outharai Houmai Mail N Jaae ||2||	Still, the filth of the mind is not removed, and the filth of egotism is not eliminated. ||2||	ਤਾਂ ਭੀ ਮਨ ਦੀ ਮੈਲ ਨਹੀਂ ਲਹਿੰਦੀ ਤੇ (ਮਨ ਵਿਚੋਂ) ਹਉਮੈ ਦੀ ਮੈਲ ਨਹੀਂ ਜਾਂਦੀ ॥੨॥
24666	558	ਇਸੁ ਮਨ ਕਉ ਹੋਰੁ ਸੰਜਮੁ ਕੋ ਨਾਹੀ ਵਿਣੁ ਸਤਿਗੁਰ ਕੀ ਸਰਣਾਇ॥		Eis Man Ko Hor Sanjam Ko Naahee Vin Sathigur Kee Saranaae ||	This mind is not controlled by any other discipline, except the Sanctuary of the True Guru.	ਗੁਰੂ ਦੀ ਸਰਨ ਪੈਣ ਤੋਂ ਬਿਨਾ ਹੋਰ ਕੋਈ ਜਤਨ ਇਸ ਮਨ ਨੂੰ ਪਵਿਤ੍ਰ ਨਹੀਂ ਕਰ ਸਕਦਾ।
24667	558	ਸਤਗੁਰਿ ਮਿਲਿਐ ਉਲਟੀ ਭਈ ਕਹਣਾ ਕਿਛੂ ਨ ਜਾਇ॥੩॥		Sathagur Miliai Oulattee Bhee Kehanaa Kishhoo N Jaae ||3||	Meeting the True Guru, one is transformed beyond description. ||3||	ਜੇ ਗੁਰੂ ਮਿਲ ਪਏ ਤਾਂ ਮਨ ਦੀ ਬ੍ਰਿਤੀ ਸੰਸਾਰ ਵਲੋਂ ਉਲਟ ਜਾਂਦੀ ਹੈ ਤੇ ਐਸੀ ਬਣ ਜਾਂਦੀ ਹੈ ਜੋ ਬਿਆਨ ਨਹੀਂ ਕੀਤੀ ਜਾ ਸਕਦੀ ॥੩॥
24668	558	ਭਣਤਿ ਨਾਨਕੁ ਸਤਿਗੁਰ ਕਉ ਮਿਲਦੋ ਮਰੈ ਗੁਰ ਕੈ ਸਬਦਿ ਫਿਰਿ ਜੀਵੈ ਕੋਇ॥		Bhanath Naanak Sathigur Ko Miladho Marai Gur Kai Sabadh Fir Jeevai Koe ||	Prays Nanak, one who dies upon meeting the True Guru, shall be rejuvenated through the Word of the Guru's Shabad.	ਨਾਨਕ ਆਖਦਾ ਹੈ ਕਿ ਜੇਹੜਾ ਮਨੁੱਖ ਗੁਰੂ ਨੂੰ ਮਿਲ ਕੇ (ਵਿਕਾਰਾਂ ਵਲੋਂ) ਅਛੋਹ ਹੋ ਜਾਂਦਾ ਹੈ, ਤੇ, ਫਿਰ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ,

24669	558	ਮਮਤਾ ਕੀ ਮਲੁ ਉਤਰੈ ਇਹੁ ਮਨੁ ਹਛਾ ਹੋਇ॥੪॥੧॥		Mamathaa Kee Mal Outharai Eihu Man Hashhaa Hoe ||4||1||	The filth of his attachment and possessiveness shall depart, and his mind shall become pure. ||4||1||	(ਉਸ ਦੇ ਅੰਦਰੋਂ ਮਾਇਆ ਦੀ) ਮਮਤਾ ਦੀ ਮੈਲ ਲਹਿ ਜਾਂਦੀ ਹੈ, ਉਸ ਦਾ ਇਹ ਮਨ ਪਵਿਤ੍ਰ ਹੋ ਜਾਂਦਾ ਹੈ ॥੪॥੧॥
24670	558	ਵਡਹੰਸੁ ਮਹਲਾ ੩॥		Vaddehans Mehalaa 3 ||	Wadahans, Third Mehl:	
24671	558	ਨਦਰੀ ਸਤਗੁਰੁ ਸੇਵੀਐ ਨਦਰੀ ਸੇਵਾ ਹੋਇ॥		Nadharee Sathagur Saeveeai Nadharee Saevaa Hoe ||	By His Grace, one serves the True Guru; by His Grace, service is performed.	ਪਰਮਾਤਮਾ ਦੀ ਮੇਹਰ ਦੀ ਨਿਗਾਹ ਨਾਲ ਹੀ ਗੁਰੂ ਦੀ ਸਰਨ ਪੈ ਸਕੀਦਾ ਹੈ, ਮੇਹਰ ਦੀ ਨਜ਼ਰ ਨਾਲ ਹੀ ਪਰਮਾਤਮਾ ਦੀ ਸੇਵਾ-ਭਗਤੀ ਹੋ ਸਕਦੀ ਹੈ।
24672	558	ਨਦਰੀ ਇਹੁ ਮਨੁ ਵਸਿ ਆਵੈ ਨਦਰੀ ਮਨੁ ਨਿਰਮਲੁ ਹੋਇ॥੧॥	ਵੱਸਿ	Nadharee Eihu Man Vas Aavai Nadharee Man Niramal Hoe ||1||	By His grace, this mind is controlled, and by His Grace, it becomes pure. ||1||	ਮੇਹਰ ਦੀ ਨਿਗਾਹ ਨਾਲ ਹੀ ਇਹ ਮਨ ਕਾਬੂ ਵਿਚ ਆਉਂਦਾ ਹੈ, ਤੇ, ਪਵਿਤ੍ਰ ਹੋ ਜਾਂਦਾ ਹੈ ॥੧॥
24673	558	ਮੇਰੇ ਮਨ ਚੇਤਿ ਸਚਾ ਸੋਇ॥		Maerae Man Chaeth Sachaa Soe ||	O my mind, think of the True Lord.	ਹੇ (ਮੇਰੇ) ਮਨ! ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਯਾਦ ਕਰਿਆ ਕਰ।

24674	558	ਏਕੋ ਚੇਤਹਿ ਤਾ ਸੁਖੁ ਪਾਵਹਿ ਫਿਰਿ ਦੂਖੁ ਨ ਮੂਲੇ ਹੋਇ॥੧॥ਰਹਾਉ॥		Eaeko Chaethehi Thaa Sukh Paavehi Fir Dhookh N Moolae Hoe ||1|| Rehaao ||	Think of the One Lord, and you shall obtain peace; you shall never suffer in sorrow again. ||1||Pause||	ਜੇ ਤੂੰ ਉਸ ਇਕ ਪਰਮਾਤਮਾ ਨੂੰ ਯਾਦ ਕਰਦਾ ਰਹੇਂਗਾ ਤਾਂ ਸੁਖ ਹਾਸਲ ਕਰੇਂਗਾ, ਤੇ, ਤੈਨੂੰ ਕਦੇ ਭੀ ਕੋਈ ਦੁੱਖ ਨਹੀਂ ਪੋਹ ਸਕੇਗਾ ॥੧॥ ਰਹਾਉ ॥
24675	558	ਨਦਰੀ ਮਰਿ ਕੈ ਜੀਵੀਐ ਨਦਰੀ ਸਬਦੁ ਵਸੈ ਮਨਿ ਆਇ॥		Nadharee Mar Kai Jeeveeai Nadharee Sabadh Vasai Man Aae ||	By His Grace, one dies while yet alive, and by His Grace, the Word of the Shabad is enshrined in the mind.	ਪਰਮਾਤਮਾ ਦੀ ਕਿਰਪਾ ਦੀ ਨਜ਼ਰ ਨਾਲ ਹੀ ਵਿਕਾਰਾਂ ਵਲੋਂ ਹਟ ਕੇ ਆਤਮਕ ਜੀਵਨ ਹਾਸਲ ਕਰੀਦਾ ਹੈ, ਤੇ, ਗੁਰੂ ਦਾ ਸ਼ਬਦ ਮਨ ਵਿਚ ਆ ਵੱਸਦਾ ਹੈ।
24676	558	ਨਦਰੀ ਹੁਕਮੁ ਬੁਝੀਐ ਹੁਕਮੇ ਰਹੈ ਸਮਾਇ॥੨॥	ਬੁੱਝੀਐ	Nadharee Hukam Bujheeai Hukamae Rehai Samaae ||2||	By His Grace, one understands the Hukam of the Lord's Command, and by His Command, one merges into the Lord. ||2||	ਮੇਹਰ ਦੀ ਨਿਗਾਹ ਨਾਲ ਹੀ ਪਰਮਾਤਮਾ ਦੀ ਰਜ਼ਾ ਨੂੰ ਸਮਝ ਸਕੀਦਾ ਹੈ, ਤੇ, ਰਜ਼ਾ ਵਿਚ ਹੀ ਸਦਾ ਟਿਕੇ ਰਹੀਦਾ ਹੈ ॥੨॥
24677	558	ਜਿਨਿ ਜਿਹਵਾ ਹਰਿ ਰਸੁ ਨ ਚਖਿਓ ਸਾ ਜਿਹਵਾ ਜਲਿ ਜਾਉ॥		Jin Jihavaa Har Ras N Chakhiou Saa Jihavaa Jal Jaao ||	That tongue, which does not savor the sublime essence of the Lord - may that tongue be burned off!	ਜਿਸ ਜੀਭ ਨੇ ਕਦੇ ਪਰਮਾਤਮਾ ਦੇ ਨਾਮ ਦਾ ਸੁਆਦ ਨਹੀਂ ਚੱਖਿਆ ਉਹ ਜੀਭ ਸੜਨ-ਜੋਗੀ ਹੀ ਹੈ,

24678	558	ਅਨ ਰਸ ਸਾਦੇ ਲਗਿ ਰਹੀ ਦੁਖੁ ਪਾਇਆ ਦੂਜੈ ਭਾਇ॥੩॥		An Ras Saadhae Lag Rehee Dhukh Paaeiaa Dhoojai Bhaae ||3||	It remains attached to other pleasures, and through the love of duality, it suffers in pain. ||3||	ਕਿਉਂਕਿ ਜਿਹੜੇ ਮਨੁੱਖ ਜੀਭ ਹੋਰ ਹੋਰ ਰਸਾਂ ਦੇ ਸੁਆਦ ਵਿਚ ਲੱਗੀ ਰਹਿੰਦੀ ਹੈ, ਉਹ ਮਨੁੱਖ ਮਾਇਆ ਦੇ ਮੋਹ ਵਿਚ ਫਸ ਕੇ ਦੁੱਖ (ਹੀ) ਪਾਂਦਾ ਰਹਿੰਦਾ ਹੈ ॥੩॥
24679	558	ਸਭਨਾ ਨਦਰਿ ਏਕ ਹੈ ਆਪੇ ਫਰਕੁ ਕਰੇਇ॥	ਕ-ਰੇਇ	Sabhanaa Nadhar Eaek Hai Aapae Farak Karaee ||	The One Lord grants His Grace to all; He Himself makes distinctions.	ਸਭ ਜੀਵਾਂ ਉਤੇ ਇਕ ਪਰਮਾਤਮਾ ਦੀ ਹੀ ਕਿਰਪਾ ਦੀ ਨਜ਼ਰ ਰਹਿੰਦੀ ਹੈ, ਫ਼ਰਕ (ਭੀ) ਪਰਮਾਤਮਾ ਆਪ ਹੀ ਬਣਾਂਦਾ ਹੈ,
24680	558	ਨਾਨਕ ਸਤਗੁਰਿ ਮਿਲਿਐ ਫਲੁ ਪਾਇਆ ਨਾਮੁ ਵਡਾਈ ਦੇਇ॥੪॥੨॥	ਦੇ-ਇ	Naanak Sathagur Miliai Fal Paaeiaa Naam Vaddaaee Dhaee ||4||2||	O Nanak, meeting the True Guru, the fruits are obtained, and one is blessed with the Glorious Greatness of the Naam. ||4||2||	ਹੇ ਨਾਨਕ! ਜੇ ਗੁਰੂ ਮਿਲ ਪਏ ਤਾਂ ਹੀ ਨਾਮ ਦਾ ਫਲ ਮਿਲਦਾ ਹੈ ਜਿਸ ਰਾਹੀਂ ਸਭ ਤੋਂ ਵੱਡੀ ਇੱਜ਼ਤ ਮਿਲਦੀ ਹੈ ॥੪॥੨॥
24681	559	ਵਡਹੰਸੁ ਮਹਲਾ ੩॥		Vaddehans Mehalaa 3 ||	Wadahans, Third Mehl:	
24682	559	ਮਾਇਆ ਮੋਹੁ ਗੁਬਾਰੁ ਹੈ ਗੁਰ ਬਿਨੁ ਗਿਆਨੁ ਨ ਹੋਈ॥		Maaeiaa Mohu Gubaar Hai Gur Bin Giaan N Hoee ||	Emotional attachment to Maya is darkness; without the Guru, there is no wisdom.	ਮਾਇਆ ਦਾ ਮੋਹ (ਮਾਨੋ) ਘੁੱਪ ਹਨੇਰਾ ਹੈ ਤੇ ਗੁਰੂ ਦੀ ਸਰਨ ਪੈਣ ਤੋਂ ਬਿਨਾ ਆਤਮਕ ਜੀਵਨ ਦੀ ਸੂਝ ਨਹੀਂ ਪੈ ਸਕਦੀ।

24683	559	ਸਬਦਿ ਲਗੇ ਤਿਨ ਬੁਝਿਆ ਦੂਜੈ ਪਰਜ ਵਿਗੋਈ॥੧॥	(ਪਰਜ) ਸ੍ਰਿਸ਼ਟੀ। (ਵਿਗੋਈ) ਖਰਾਬ। ਬੁੱਝਿਆ	Sabadh Lagae Thin Bujhiaa Dhoojai Paraj Vigoee ||1||	Those who are attached to the Word of the Shabad understand; duality has ruined the people. ||1||	ਜੇਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜੇ ਰਹਿੰਦੇ ਹਨ ਉਹਨਾਂ ਨੂੰ ਸੂਝ ਪੈ ਜਾਂਦੀ ਹੈ, (ਨਹੀਂ ਤਾਂ) ਮਾਇਆ ਦੇ ਮੋਹ ਵਿਚ ਫਸ ਕੇ ਸ੍ਰਿਸ਼ਟੀ ਖ਼ੁਆਰ ਹੁੰਦੀ ਰਹਿੰਦੀ ਹੈ ॥੧॥
24684	559	ਮਨ ਮੇਰੇ ਗੁਰਮਤਿ ਕਰਣੀ ਸਾਰੁ॥		Man Maerae Guramath Karanee Saar ||	O my mind, under Guru's Instruction, do good deeds.	ਹੇ ਮੇਰੇ ਮਨ! ਗੁਰੂ ਦੀ ਮੱਤ ਲੈ ਕੇ ਜੀਵਨ-ਚਾਲ ਚੱਲ।
24685	559	ਸਦਾ ਸਦਾ ਹਰਿ ਪ੍ਰਭੁ ਰਵਹਿ ਤਾ ਪਾਵਹਿ ਮੋਖ ਦੁਆਰੁ॥੧॥ਰਹਾਉ॥		Sadhaa Sadhaa Har Prabh Ravehi Thaa Paavehi Mokh Dhuaar ||1|| Rehaao ||	Dwell forever and ever upon the Lord God, and you shall find the gate of salvation. ||1||Pause||	ਜੇ ਤੂੰ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹੇਂ ਤਾਂ (ਮਾਇਆ ਦੇ ਬੰਧਨਾਂ ਤੋਂ) ਖ਼ਲਾਸੀ ਦਾ ਰਸਤਾ ਲੱਭ ਲਏਂਗਾ ॥੧॥ ਰਹਾਉ ॥
24686	559	ਗੁਣਾ ਕਾ ਨਿਧਾਨੁ ਏਕੁ ਹੈ ਆਪੇ ਦੇਇ ਤਾ ਕੋ ਪਾਏ॥	ਦੇ-ਇ	Gunaa Kaa Nidhhaan Eaek Hai Aapae Dhaee Thaa Ko Paaeae ||	The Lord alone is the treasure of virtue; He Himself gives, and then one receives.	ਇਕ ਹਰਿ-ਨਾਮ ਹੀ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ, ਪਰ ਇਸ ਖ਼ਜ਼ਾਨੇ ਨੂੰ ਤਦੋਂ ਹੀ ਕੋਈ ਮਨੁੱਖ ਹਾਸਲ ਕਰਦਾ ਹੈ ਜਦੋਂ ਪ੍ਰਭੂ ਆਪ ਹੀ ਇਹ ਖ਼ਜ਼ਾਨਾ ਦੇਂਦਾ ਹੈ।
24687	559	ਬਿਨੁ ਨਾਵੈ ਸਭ ਵਿਛੁੜੀ ਗੁਰ ਕੈ ਸਬਦਿ ਮਿਲਾਏ॥੨॥		Bin Naavai Sabh Vishhurree Gur Kai Sabadh Milaaeae ||2||	Without the Name, all are separated from the Lord; through the Word of the Guru's Shabad, one meets the Lord. ||2||	ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਸ੍ਰਿਸ਼ਟੀ ਪਰਮਾਤਮਾ ਤੋਂ ਵਿਛੁੜੀ ਰਹਿੰਦੀ ਹੈ, ਪਰ, ਗੁਰੂ ਦੇ ਸ਼ਬਦ ਵਿਚ ਜੋੜ ਕੇ (ਪ੍ਰਭੂ ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈ ॥੨॥

24688	559	ਮੇਰੀ ਮੇਰੀ ਕਰਦੇ ਘਟਿ ਗਏ ਤਿਨਾ ਹਥਿ ਕਿਹੁ ਨ ਆਇਆ॥		Maeree Maeree Karadhae Ghatt Geae Thinaa Hathh Kihu N Aaeiaa ||	Acting in ego, they lose, and nothing comes into their hands.	ਮਾਇਆ ਦੀ ਅਪਣੱਤ ਦੀਆਂ ਗੱਲਾਂ ਕਰ ਕਰ ਕੇ ਜੀਵ ਆਤਮਕ ਜੀਵਨ ਵਿਚ ਕਮਜ਼ੋਰ ਹੁੰਦੇ ਰਹਿੰਦੇ ਹਨ (ਆਤਮਕ ਜੀਵਨ ਦੇ ਸਰਮਾਏ ਵਿਚੋਂ) ਉਹਨਾਂ ਨੂੰ ਕੁਝ ਭੀ ਨਹੀਂ ਮਿਲਦਾ।
24689	559	ਸਤਗੁਰਿ ਮਿਲਿਐ ਸਚਿ ਮਿਲੇ ਸਚਿ ਨਾਮਿ ਸਮਾਇਆ॥੩॥		Sathagur Miliai Sach Milae Sach Naam Samaaeiaa ||3||	Meeting the True Guru, they find Truth, and merge into the True Name. ||3||	ਪਰ, ਜੇ ਗੁਰੂ ਮਿਲ ਪਏ ਤਾਂ ਜੀਵ ਸਦਾ-ਥਿਰ ਪ੍ਰਭੂ ਵਿਚ ਜੁੜੇ ਰਹਿੰਦੇ ਹਨ ਤੇ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਲੀਨ ਰਹਿੰਦੇ ਹਨ ॥੩॥
24690	559	ਆਸਾ ਮਨਸਾ ਏਹੁ ਸਰੀਰੁ ਹੈ ਅੰਤਰਿ ਜੋਤਿ ਜਗਾਏ॥		Aasaa Manasaa Eaehu Sareer Hai Anthar Joth Jagaaeae ||	Hope and desire abide in this body, but the Lord's Light shines within as well.	ਮਨੁੱਖ ਦਾ ਇਹ ਸਰੀਰ ਆਸਾ ਅਤੇ ਮਨਸਾ (ਨਾਲ ਬੱਝਾ ਰਹਿੰਦਾ) ਹੈ, (ਗੁਰੂ ਇਸ ਦੇ) ਅੰਦਰ ਆਤਮਕ ਜੀਵਨ ਦੀ ਰੌਸ਼ਨੀ ਪੈਦਾ ਕਰਦਾ ਹੈ।
24691	559	ਨਾਨਕ ਮਨਮੁਖਿ ਬੰਧੁ ਹੈ ਗੁਰਮੁਖਿ ਮੁਕਤਿ ਕਰਾਏ॥੪॥੩॥		Naanak Manamukh Bandhh Hai Guramukh Mukath Karaaeae ||4||3||	O Nanak, the self-willed manmukhs remain in bondage; the Gurmukhs are liberated. ||4||3||	ਹੇ ਨਾਨਕ! ਆਪਣੇ ਮਨ ਦੇ ਪਿਛੇ ਤੁਰਨ ਵਾਲੇ ਮਨੁੱਖ ਦੇ ਰਾਹ ਵਿਚ (ਆਸਾ ਮਨਸਾ ਦੀ) ਰੋਕ ਪਈ ਰਹਿੰਦੀ ਹੈ, ਪਰ, ਗੁਰੂ ਦੀ ਸਰਨ ਪਏ ਮਨੁੱਖ ਨੂੰ ਖ਼ਲਾਸੀ ਮਿਲ ਜਾਂਦੀ ਹੈ ॥੪॥੩॥
24692	559	ਵਡਹੰਸੁ ਮਹਲਾ ੩॥		Vaddehans Mehalaa 3 ||	Wadahans, Third Mehl:	

24693	559	ਸੋਹਾਗਣੀ ਸਦਾ ਮੁਖੁ ਉਜਲਾ ਗੁਰ ਕੈ ਸਹਜਿ ਸੁਭਾਇ॥	ਉੱਜਲਾ	Sohaaganee Sadhaa Mukh Oujalaa Gur Kai Sehaj Subhaae ||	The faces of the happy soul-brides are radiant forever; through the Guru, they are peacefully poised.	ਪ੍ਰਭੂ-ਪਤੀ ਨੂੰ ਸਿਰ ਉੱਤੇ ਜੀਉਂਦਾ-ਜਾਗਦਾ ਜਾਣਨ ਵਾਲੀਆਂ ਜੀਵ-ਇਸਤ੍ਰੀਆਂ ਦਾ ਮੂੰਹ ਸਦਾ ਰੌਸ਼ਨ ਰਹਿੰਦਾ ਹੈ ਤੇ ਉਹ ਗੁਰੂ ਦੇ ਸ਼ਬਦ ਦੀ ਰਾਹੀਂ ਆਤਮਕ ਅਡੋਲਤਾ ਵਿਚ ਤੇ ਪ੍ਰਭੂ-ਪ੍ਰੇਮ ਵਿਚ ਟਿਕੀਆਂ ਰਹਿੰਦੀਆਂ ਹਨ।
24694	559	ਸਦਾ ਪਿਰੁ ਰਾਵਹਿ ਆਪਣਾ ਵਿਚਹੁ ਆਪੁ ਗਵਾਇ॥੧॥		Sadhaa Pir Raavehi Aapanaa Vichahu Aap Gavaae ||1||	They enjoy their Husband Lord constantly, eradicating their ego from within. ||1||	ਉਹ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਸਦਾ ਆਪਣੇ ਪ੍ਰਭੂ-ਪਤੀ ਨੂੰ ਹਿਰਦੇ ਵਿਚ ਸੰਭਾਲ ਰੱਖਦੀਆਂ ਹਨ ॥੧॥
24695	559	ਮੇਰੇ ਮਨ ਤੂ ਹਰਿ ਹਰਿ ਨਾਮੁ ਧਿਆਇ॥		Maerae Man Thoo Har Har Naam Dhhiaae ||	O my mind, meditate on the Name of the Lord, Har, Har.	ਹੇ ਮੇਰੇ ਮਨ! ਤੂੰ ਸਦਾ ਹਰਿ-ਨਾਮ ਸਿਮਰਦਾ ਰਹੁ।
24696	559	ਸਤਗੁਰਿ ਮੋਕਉ ਹਰਿ ਦੀਆ ਬੁਝਾਇ॥੧॥ਰਹਾਉ॥	ਬੁੱਝਾਇ	Sathagur Mo Ko Har Dheeaa Bujhaae ||1|| Rehaao ||	The True Guru has led me to understand the Lord. ||1||Pause||	ਗੁਰੂ ਨੇ ਮੈਨੂੰ ਹਰਿ-ਨਾਮ (ਸਿਮਰਨ) ਦੀ ਸੂਝ ਦੇ ਦਿੱਤੀ ਹੈ ॥੧॥ ਰਹਾਉ ॥

24697	559	ਦੋਹਾਗਣੀ ਖਰੀਆ ਬਿਲਲਾਦੀਆ ਤਿਨਾ ਮਹਲੁ ਨ ਪਾਇ॥		Dhohaaganee Khareeaa Bilalaadheeaa Thinaa Mehal N Paae ||	The abandoned brides cry out in their suffering; they do not attain the Mansion of the Lord's Presence.	ਪਰ ਛੁੱਟੜ ਜੀਵ-ਇਸਤ੍ਰੀਆਂ ਬਹੁਤ ਦੁਖੀ ਰਹਿੰਦੀਆਂ ਹਨ, ਉਹਨਾਂ ਨੂੰ ਪ੍ਰਭੂ ਦੀ ਹਜ਼ੂਰੀ ਨਸੀਬ ਨਹੀਂ ਹੁੰਦੀ।
24698	559	ਦੂਜੈ ਭਾਇ ਕਰੂਪੀ ਦੂਖੁ ਪਾਵਹਿ ਆਗੈ ਜਾਇ॥੨॥	ਦਿਲ ਦੀ (ਕਰੂਪੀ) ਬੇਸਫ਼ਾਈ ਵਾਲੀ	Dhoojai Bhaae Karoopee Dhookh Paavehi Aagai Jaae ||2||	In the love of duality, they appear so ugly; they suffer in pain as they go to the world beyond. ||2||	ਮਾਇਆ ਦੇ ਮੋਹ ਵਿਚ ਗ਼ਲਤਾਨ ਰਹਿਣ ਕਰ ਕੇ ਉਹ ਕੋਝੇ ਆਤਮਕ ਜੀਵਨ ਵਾਲੀਆਂ ਹੀ ਰਹਿੰਦੀਆਂ ਹਨ, ਪਰਲੋਕ ਵਿਚ ਜਾ ਕੇ ਭੀ ਉਹ ਦੁੱਖ ਹੀ ਸਹਾਰਦੀਆਂ ਹਨ ॥੨॥
24699	559	ਗੁਣਵੰਤੀ ਨਿਤ ਗੁਣ ਰਵੈ ਹਿਰਦੈ ਨਾਮੁ ਵਸਾਇ॥		Gunavanthee Nith Gun Ravai Hiradhai Naam Vasaae ||	The virtuous soul-bride constantly chants the Glorious Praises of the Lord; she enshrines the Naam, the Name of the Lord, within her heart.	ਗੁਣਾਂ ਵਾਲੀ ਜੀਵ-ਇਸਤ੍ਰੀ ਆਪਣੇ ਹਿਰਦੇ ਵਿਚ ਪ੍ਰਭੂ-ਨਾਮ ਵਸਾ ਕੇ ਸਦਾ ਪ੍ਰਭੂ ਦੇ ਗੁਣ ਯਾਦ ਕਰਦੀ ਰਹਿੰਦੀ ਹੈ।
24700	559	ਅਉਗਣਵੰਤੀ ਕਾਮਣੀ ਦੁਖੁ ਲਾਗੈ ਬਿਲਲਾਇ॥੩॥		Aouganavanthee Kaamanee Dhukh Laagai Bilalaae ||3||	The unvirtuous woman suffers, and cries out in pain. ||3||	ਪਰ ਔਗੁਣਾਂ-ਭਰੀ ਜੀਵ-ਇਸਤ੍ਰੀ ਨੂੰ ਦੁੱਖ ਚੰਬੜਿਆ ਰਹਿੰਦਾ ਹੈ ਉਹ ਸਦਾ ਵਿਲਕਦੀ ਰਹਿੰਦੀ ਹੈ ॥੩॥

24701	559	ਸਭਨਾ ਕਾ ਭਤਾਰੁ ਏਕੁ ਹੈ ਸੁਆਮੀ ਕਹਣਾ ਕਿਛੂ ਨ ਜਾਇ॥		Sabhanaa Kaa Bhathaar Eaek Hai Suaamee Kehanaa Kishhoo N Jaae ||	The One Lord and Master is the Husband Lord of all; His Praises cannot be expressed.	ਸਭਨਾਂ ਦਾ ਖਸਮ ਇਕ ਪਰਮਾਤਮਾ ਮਾਲਕ ਹੀ ਹੈ, ਪਰ ਕੁਝ ਕਿਹਾ ਨਹੀਂ ਜਾ ਸਕਦਾ (ਕਿਉਂ ਕੋਈ ਸੁਹਾਗਣਾਂ ਹਨ ਤੇ ਕੋਈ ਦੋਹਾਗਣਾਂ ਹਨ)।
24702	559	ਨਾਨਕ ਆਪੇ ਵੇਕ ਕੀਤਿਅਨੁ ਨਾਮੇ ਲਇਅਨੁ ਲਾਇ॥੪॥੪॥	(ਵੇਕ)ਭਿੰਨ	Naanak Aapae Vaek Keethian Naamae Laeian Laae ||4||4||	O Nanak, He has separated some from Himself, while others are to His Name. ||4||4||	ਹੇ ਨਾਨਕ! ਪ੍ਰਭੂ ਨੇ ਆਪ ਹੀ ਜੀਵਾਂ ਨੂੰ ਵਖ ਵਖ ਸੁਭਾਵ ਵਾਲੇ ਬਣਾ ਦਿੱਤਾ ਹੈ, ਉਸ ਨੇ ਆਪ ਹੀ ਜੀਵ ਆਪਣੇ ਨਾਮ ਵਿਚ ਜੋੜੇ ਹੋਏ ਹਨ ॥੪॥੪॥
24703	559	ਵਡਹੰਸੁ ਮਹਲਾ ੩॥		Vaddehans Mehalaa 3 ||	Wadahans, Third Mehl:	
24704	559	ਅੰਮ੍ਰਿਤ ਨਾਮੁ ਸਦ ਮੀਠਾ ਲਾਗਾ ਗੁਰ ਸਬਦੀ ਸਾਦੁ ਆਇਆ॥		Anmrith Naam Sadh Meethaa Laagaa Gur Sabadhee Saadh Aaeiaa ||	The Ambrosial Nectar of the Naam is always sweet to me; through the Word of the Guru's Shabad, I come to taste it.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਸ ਨੂੰ ਹਰਿ-ਨਾਮ ਦਾ ਸੁਆਦ ਆਉਣ ਲੱਗ ਪਿਆ ਤੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਸਦਾ ਮਿੱਠਾ ਲੱਗਣ ਲੱਗ ਪਿਆ।
24705	559	ਸਚੀ ਬਾਣੀ ਸਹਜਿ ਸਮਾਣੀ ਹਰਿ ਜੀਉ ਮਨਿ ਵਸਾਇਆ॥੧॥		Sachee Baanee Sehaj Samaanee Har Jeeo Man Vasaaeiaa ||1||	Through the True Word of the Guru's Bani, I am merged in peace and poise; the Dear Lord is enshrined in the mind. ||1||	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ ਆਤਮਕ ਅਡੋਲਤਾ ਵਿਚ ਉਸ ਦੀ ਲੀਨਤਾ ਹੋ ਗਈ ਤੇ ਉਸ ਨੇ ਪਰਮਾਤਮਾ ਨੂੰ ਆਪਣੇ ਮਨ ਵਿਚ ਪ੍ਰੋ ਲਿਆ ॥੧॥

24706	559	ਹਰਿ ਕਰਿ ਕਿਰਪਾ ਸਤਗੁਰੂ ਮਿਲਾਇਆ॥		Har Kar Kirapaa Sathaguroo Milaaeiaa ||	The Lord, showing His Mercy, has caused me to meet the True Guru.	ਪਰਮਾਤਮਾ ਨੇ ਕਿਰਪਾ ਕਰ ਕੇ (ਜਿਸ ਮਨੁੱਖ ਨੂੰ) ਗੁਰੂ ਮਿਲਾ ਦਿੱਤਾ,
24707	559	ਪੂਰੈ ਸਤਗੁਰਿ ਹਰਿ ਨਾਮੁ ਧਿਆਇਆ॥੧॥ਰਹਾਉ॥		Poorai Sathagur Har Naam Dhiaaeiaa ||1|| Rehaao ||	Through the Perfect True Guru, I meditate on the Name of the Lord. ||1||Pause||	ਉਸ ਨੇ ਪੂਰੇ ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰਨਾ ਸ਼ੁਰੂ ਕਰ ਦਿੱਤਾ ॥੧॥ ਰਹਾਉ ॥
24708	559	ਬ੍ਰਹਮੈ ਬੇਦ ਬਾਣੀ ਪਰਗਾਸੀ ਮਾਇਆ ਮੋਹ ਪਸਾਰਾ॥		Brehamai Baedh Baanee Paragaasee Maaeiaa Moh Pasaaraa ||	Through Brahma, the hymns of the Vedas were revealed, but the love of Maya spread.	(ਕਹਿੰਦੇ ਹਨ ਕਿ) ਬ੍ਰਹਮਾ ਨੇ ਵੇਦਾਂ ਦੀ ਬਾਣੀ ਪਰਗਟ ਕੀਤੀ ਪਰ ਉਸ ਨੇ ਭੀ ਮਾਇਆ ਦੇ ਮੋਹ ਦਾ ਖਿਲਾਰਾ ਹੀ ਖਿਲਾਰਿਆ।
24709	559	ਮਹਾਦੇਉ ਗਿਆਨੀ ਵਰਤੈ ਘਰਿ ਆਪਨੈ ਤਾਮਸੁ ਬਹੁਤੁ ਅਹੰਕਾਰਾ॥੨॥	(ਤਾਮਸੁ)ਤਮੋ ਗੁਣ	Mehaadhaeo Giaanee Varathai Ghar Aapanai Thaamas Bahuth Ahankaaraa ||2||	The wise one, Shiva, remains absorbed in himself, but he is engrossed in dark passions and excessive egotism. ||2||	(ਕਹਿੰਦੇ ਹਨ ਕਿ) ਮਹਾਦੇਉ ਆਤਮਕ ਜੀਵਨ ਦੀ ਸੂਝ ਵਾਲਾ ਹੈ, ਤੇ, ਉਹ ਆਪਣੇ ਹਿਰਦੇ-ਘਰ ਵਿਚ ਮਸਤ ਰਹਿੰਦਾ ਹੈ, ਪਰ ਉਸ ਦੇ ਅੰਦਰ ਭੀ ਬੜਾ ਕ੍ਰੋਧ ਤੇ ਅਹੰਕਾਰ (ਦੱਸੀਦਾ) ਹੈ ॥੨॥

24710	559	ਕਿਸਨੁ ਸਦਾ ਅਵਤਾਰੀ ਰੂਧਾ ਕਿਤੁ ਲਗਿ ਤਰੈ ਸੰਸਾਰਾ॥	(ਕਿਸਨੁ) ਵਿਸ਼ਨੂੰ। (ਰੂਧਾ) ਰੁੱਝਾ। ਲੱਗਿ	Kisan Sadhaa Avathaaree Roodhhaa Kith Lag Tharai Sansaaraa ||	Vishnu is always busy reincarnating himself - who will save the world?	ਵਿਸ਼ਨੂ ਸਦਾ ਅਵਤਾਰ ਧਾਰਨ ਵਿਚ ਰੁੱਝਾ ਹੋਇਆ (ਦੱਸਿਆ ਜਾ ਰਿਹਾ) ਹੈ ਤਾਂ (ਦੱਸੋ) ਜਗਤ ਕਿਸ ਦੇ ਚਰਨੀਂ ਲੱਗ ਕੇ ਸੰਸਾਰ-ਸਾਗਰ ਤੋਂ ਪਾਰ ਲੰਘੇ?
24711	559	ਗੁਰਮੁਖਿ ਗਿਆਨਿ ਰਤੇ ਜੁਗ ਅੰਤਰਿ ਚੂਕੈ ਮੋਹ ਗੁਬਾਰਾ॥੩॥	ਰੱਤੇ ਜੁੱਗ	Guramukh Giaan Rathae Jug Anthar Chookai Moh Gubaaraa ||3||	The Gurmukhs are imbued with spiritual wisdom in this age; they are rid of the darkness of emotional attachment. ||3||	ਜੇਹੜੇ ਮਨੁੱਖ ਜਗਤ ਵਿਚ ਗੁਰੂ ਦੀ ਸਰਨ ਪੈ ਕੇ (ਗੁਰੂ ਤੋਂ ਮਿਲੇ ਆਤਮ) ਗਿਆਨ ਵਿਚ ਰੰਗੇ ਰਹਿੰਦੇ ਹਨ, ਉਹਨਾਂ ਦੇ ਅੰਦਰੋਂ ਮੋਹ ਦਾ ਘੁੱਪ ਹਨੇਰਾ ਦੂਰ ਹੋ ਜਾਂਦਾ ਹੈ ॥੩॥
24712	559	ਸਤਗੁਰ ਸੇਵਾ ਤੇ ਨਿਸਤਾਰਾ ਗੁਰਮੁਖਿ ਤਰੈ ਸੰਸਾਰਾ॥		Sathagur Saevaa Thae Nisathaaraa Guramukh Tharai Sansaaraa ||	Serving the True Guru, one is emancipated; the Gurmukh crosses over the world-ocean.	ਗੁਰੂ ਦੀ ਦੱਸੀ ਸੇਵਾ-ਭਗਤੀ ਦੀ ਬਰਕਤਿ ਨਾਲ ਹੀ ਪਾਰ-ਉਤਾਰਾ ਹੁੰਦਾ ਹੈ, ਗੁਰੂ ਦੀ ਸਰਨ ਪੈ ਕੇ ਹੀ ਜਗਤ ਸੰਸਾਰ-ਸਮੁੰਦਰ ਤੋਂ ਪਾਰ ਲੰਘਦਾ ਹੈ।
24713	559	ਸਾਚੈ ਨਾਇ ਰਤੇ ਬੈਰਾਗੀ ਪਾਇਨਿ ਮੋਖ ਦੁਆਰਾ॥੪॥	ਰੱਤੇ	Saachai Naae Rathae Bairaagee Paaein Mokh Dhuaaraa ||4||	The detached renunciates are imbued with the True Name; they attain the gate of salvation. ||4||	ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਰੰਗੇ ਹੋਏ ਮਨੁੱਖ ਮਾਇਆ ਦੇ ਮੋਹ ਤੋਂ ਨਿਰਲੇਪ ਹੋ ਜਾਂਦੇ ਹਨ ਤੇ ਮਾਇਆ ਦੇ ਮੋਹ ਤੋਂ ਖ਼ਲਾਸੀ ਦਾ ਦਰਵਾਜ਼ਾ ਲੱਭ ਲੈਂਦੇ ਹਨ ॥੪॥

24714	559	ਏਕੋ ਸਚੁ ਵਰਤੈ ਸਭ ਅੰਤਰਿ ਸਭਨਾ ਕਰੇ ਪ੍ਰਤਿਪਾਲਾ॥		Eaeko Sach Varathai Sabh Anthar Sabhanaa Karae Prathipaalaa ||	The One True Lord is pervading and permeating everywhere; He cherishes everyone.	ਸਾਰੀ ਸ੍ਰਿਸ਼ਟੀ ਵਿਚ ਇਕ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਹੀ ਵੱਸਦਾ ਹੈ, ਸਭ ਜੀਵਾਂ ਦੀ ਪਾਲਣਾ ਕਰਦਾ ਹੈ।
24715	559	ਨਾਨਕ ਇਕਸੁ ਬਿਨੁ ਮੈ ਅਵਰੁ ਨ ਜਾਣਾ ਸਭਨਾ ਦੀਵਾਨੁ ਦਇਆਲਾ॥੫॥੫॥	(ਦੀਵਾਨੁ) ਆਸਰਾ	Naanak Eikas Bin Mai Avar N Jaanaa Sabhanaa Dheevaan Dhaeiaalaa ||5||5||	O Nanak, without the One Lord, I do not know any other; He is the Merciful Master of all. ||5||5||	ਹੇ ਨਾਨਕ! ਇੱਕ ਪਰਮਾਤਮਾ ਤੋਂ ਬਿਨਾ ਮੈਂ ਕਿਸੇ ਹੋਰ ਨੂੰ (ਉਸ ਵਰਗਾ) ਨਹੀਂ ਜਾਣਦਾ, ਉਹੀ ਦਇਆ ਦਾ ਘਰ ਪ੍ਰਭੂ ਸਭ ਜੀਵਾਂ ਦਾ ਆਸਰਾ-ਪਰਨਾ ਹੈ ॥੫॥੫॥
24716	559	ਵਡਹੰਸੁ ਮਹਲਾ ੩॥		Vaddehans Mehalaa 3 ||	Wadahans, Third Mehl:	
24717	559	ਗੁਰਮੁਖਿ ਸਚੁ ਸੰਜਮੁ ਤਤੁ ਗਿਆਨੁ॥		Guramukh Sach Sanjam Thath Giaan ||	The Gurmukh practices true self-discipline, and attains the essence of wisdom.	ਗੁਰੂ ਦੀ ਸਰਨ ਪੈ ਕੇ (ਪ੍ਰਭੂ ਦਾ ਨਾਮ-ਸਿਮਰਨਾ) ਹੀ ਇੰਦ੍ਰਿਆਂ ਨੂੰ ਵੱਸ ਕਰਨ ਦਾ ਸਹੀ ਜਤਨ ਹੈ ਤੇ ਆਤਮਕ ਜੀਵਨ ਦੀ ਸੂਝ ਦਾ ਮੂਲ ਹੈ।
24718	559	ਗੁਰਮੁਖਿ ਸਾਚੇ ਲਗੈ ਧਿਆਨੁ॥੧॥		Guramukh Saachae Lagai Dhhiaan ||1||	The Gurmukh meditates on the True Lord. ||1||	ਗੁਰੂ ਦੀ ਸਰਨ ਪਿਆਂ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਸੁਰਤ ਜੁੜੀ ਰਹਿੰਦੀ ਹੈ ॥੧॥

24719	560	ਗੁਰਮੁਖਿ ਮਨ ਮੇਰੇ ਨਾਮੁ ਸਮਾਲਿ॥		Guramukh Man Maerae Naam Samaal ||	As Gurmukh, O my mind, remember the Naam, the Name of the Lord.	ਹੇ ਮਨ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਯਾਦ ਕਰਦਾ ਰਹੁ।
24720	560	ਸਦਾ ਨਿਬਹੈ ਚਲੈ ਤੇਰੈ ਨਾਲਿ॥ਰਹਾਉ॥		Sadhaa Nibehai Chalai Thaerai Naal || Rehaao ||	It shall stand by you always, and go with you. ||Pause||	ਇਹ ਨਾਮ ਹੀ ਤੇਰੇ ਨਾਲ ਜਾਣ ਵਾਲਾ ਹੈ ਤੇ ਸਾਥ ਨਿਬਾਹੁਣ ਵਾਲਾ ਹੈ। ਰਹਾਉ॥
24721	560	ਗੁਰਮੁਖਿ ਜਾਤਿ ਪਤਿ ਸਚੁ ਸੋਇ॥		Guramukh Jaath Path Sach Soe ||	The True Lord is the social status and honor of the Gurmukh.	ਗੁਰੂ ਦੀ ਸਰਨ ਪੈ ਕੇ ਉਸ ਸਦਾ-ਥਿਰ ਹਰੀ ਦਾ ਨਾਮ-ਸਿਮਰਨਾ ਉੱਚੀ ਜਾਤਿ ਤੇ ਉੱਚੀ ਕੁਲ (ਦਾ ਮੂਲ) ਹੈ।
24722	560	ਗੁਰਮੁਖਿ ਅੰਤਰਿ ਸਖਾਈ ਪ੍ਰਭੁ ਹੋਇ॥੨॥	(ਸਖਾਈ)ਸਹਾਇਕ	Guramukh Anthar Sakhaaee Prabh Hoe ||2||	Within the Gurmukh, is God, his friend and helper. ||2||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦੇ ਅੰਦਰ ਪਰਮਾਤਮਾ ਆ ਵੱਸਦਾ ਹੈ ਤੇ ਉਸ ਦਾ (ਸਦਾ ਦਾ) ਸਾਥੀ ਬਣ ਜਾਂਦਾ ਹੈ ॥੨॥
24723	560	ਗੁਰਮੁਖਿ ਜਿਸ ਨੋ ਆਪਿ ਕਰੇ ਸੋ ਹੋਇ॥		Guramukh Jis No Aap Karae So Hoe ||	He alone becomes Gurmukh, whom the Lord so blesses.	ਪਰ ਉਹੀ ਮਨੁੱਖ ਗੁਰੂ ਦੇ ਸਨਮੁਖ ਹੋ ਸਕਦਾ ਹੈ ਜਿਸ ਨੂੰ ਪਰਮਾਤਮਾ ਆਪ (ਇਸ ਜੋਗ) ਬਣਾਂਦਾ ਹੈ।
24724	560	ਗੁਰਮੁਖਿ ਆਪਿ ਵਡਾਈ ਦੇਵੈ ਸੋਇ॥੩॥		Guramukh Aap Vaddaaee Dhaevai Soe ||3||	He Himself blesses the Gurmukh with greatness. ||3||	ਉਹ ਪਰਮਾਤਮਾ ਆਪ ਮਨੁੱਖ ਨੂੰ ਗੁਰੂ ਦੇ ਸਨਮੁਖ ਕਰ ਕੇ ਇੱਜ਼ਤ ਬਖ਼ਸ਼ਦਾ ਹੈ ॥੩॥

24725	560	ਗੁਰਮੁਖਿ ਸਬਦੁ ਸਚੁ ਕਰਣੀ ਸਾਰੁ॥		Guramukh Sabadh Sach Karanee Saar ||	The Gurmukh lives the True Word of the Shabad, and practices good deeds.	ਗੁਰੂ ਦੀ ਸਰਨ ਪੈ ਕੇ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ (ਹਿਰਦੇ ਵਿਚ) ਸੰਭਾਲ, ਇਹੀ ਕਰਨ-ਜੋਗ ਕੰਮ ਹੈ।
24726	560	ਗੁਰਮੁਖਿ ਨਾਨਕ ਪਰਵਾਰੈ ਸਾਧਾਰੁ॥੪॥੬॥		Guramukh Naanak Paravaarai Saadhhaar ||4||6||	The Gurmukh, O Nanak, emancipates his family and relations. ||4||6||	ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਆਪਣੇ ਪਰਵਾਰ ਵਾਸਤੇ ਭੀ ਆਸਰਾ ਦੇਣ ਜੋਗਾ ਹੋ ਜਾਂਦਾ ਹੈ ॥੪॥੬॥
24727	560	ਵਡਹੰਸੁ ਮਹਲਾ ੩॥		Vaddehans Mehalaa 3 ||	Wadahans, Third Mehl:	
24728	560	ਰਸਨਾ ਹਰਿ ਸਾਦਿ ਲਗੀ ਸਹਜਿ ਸੁਭਾਇ॥	ਲੱਗੀ	Rasanaa Har Saadh Lagee Sehaj Subhaae ||	My tongue is intuitively attracted to the taste of the Lord.	ਜਿਸ ਮਨੁੱਖ ਦੀ ਜੀਭ ਪਰਮਾਤਮਾ ਦੇ ਨਾਮ ਦੇ ਸੁਆਦ ਵਿਚ ਲੱਗਦੀ ਹੈ, ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਜਾਂਦਾ ਹੈ, ਪ੍ਰਭੂ-ਪ੍ਰੇਮ ਵਿਚ ਜੁੜ ਜਾਂਦਾ ਹੈ।
24729	560	ਮਨੁ ਤ੍ਰਿਪਤਿਆ ਹਰਿ ਨਾਮੁ ਧਿਆਇ॥੧॥		Man Thripathiaa Har Naam Dhhiaae ||1||	My mind is satisfied, meditating on the Name of the Lord. ||1||	ਪਰਮਾਤਮਾ ਦਾ ਨਾਮ ਸਿਮਰ ਕੇ ਉਸ ਦਾ ਮਨ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦਾ ਹੈ ॥੧॥
24730	560	ਸਦਾ ਸੁਖੁ ਸਾਚੈ ਸਬਦਿ ਵੀਚਾਰੀ॥		Sadhaa Sukh Saachai Sabadh Veechaaree ||	Lasting peace is obtained, contemplating the Shabad, the True Word of God.	ਜਿਸ ਦੇ ਸ਼ਬਦ ਵਿਚ ਜੁੜਿਆਂ ਵਿਚਾਰਵਾਨ ਹੋ ਜਾਈਦਾ ਹੈ ਤੇ ਸਦਾ ਆਤਮਕ ਆਨੰਦ ਮਿਲਿਆ ਰਹਿੰਦਾ ਹੈ,

24731	560	ਆਪਣੇ ਸਤਗੁਰ ਵਿਟਹੁ ਸਦਾ ਬਲਿਹਾਰੀ॥੧॥ਰਹਾਉ॥		Aapanae Sathagur Vittahu Sadhaa Balihaaree ||1|| Rehaao ||	I am forever a sacrifice to my True Guru. ||1||Pause||	ਮੈਂ ਆਪਣੇ ਉਸ ਗੁਰੂ ਤੋਂ ਸਦਾ ਕੁਰਬਾਨ ਜਾਂਦਾ ਹਾਂ ॥੧॥ ਰਹਾਉ ॥
24732	560	ਅਖੀ ਸੰਤੋਖੀਆ ਏਕ ਲਿਵ ਲਾਇ॥	ਅੱਖੀਂ।ਸੰਤੋਖੀਆਂ	Akhee Santhokheeaa Eaek Liv Laae ||	My eyes are content, lovingly focused on the One Lord.	ਇਕ ਪਰਮਾਤਮਾ ਵਿਚ ਸੁਰਤ ਜੋੜ ਕੇ ਮਨੁੱਖ ਦੀਆਂ ਅੱਖਾਂ (ਪਰਾਏ ਰੂਪ ਵਲੋਂ) ਰੱਜ ਜਾਂਦੀਆਂ ਹਨ,
24733	560	ਮਨੁ ਸੰਤੋਖਿਆ ਦੂਜਾ ਭਾਉ ਗਵਾਇ॥੨॥	ਸੰਤੋਖਿਆ:ਕੰਨੇ ਬਿੰਦੀ ਨ ਲਾਉ	Man Santhokhiaa Dhoojaa Bhaao Gavaae ||2||	My mind is content, having forsaken the love of duality. ||2||	ਤੇ ਮਾਇਆ ਦਾ ਪਿਆਰ ਦੂਰ ਕਰ ਕੇ ਮਨੁੱਖ ਦਾ ਮਨ (ਤ੍ਰਿਸ਼ਨਾ ਵਲੋਂ) ਰੱਜ ਜਾਂਦਾ ਹੈ ॥੨॥
24734	560	ਦੇਹ ਸਰੀਰਿ ਸੁਖੁ ਹੋਵੈ ਸਬਦਿ ਹਰਿ ਨਾਇ॥	(ਦੇਹ)ਸਥੂਲ ਸ੍ਰੀਰ। (ਸਰੀਰਿ)ਸੂਖਮ ਸ੍ਰੀਰ	Dhaeh Sareer Sukh Hovai Sabadh Har Naae ||	The frame of my body is at peace, through the Shabad, and the Name of the Lord.	ਸ਼ਬਦ ਦੀ ਬਰਕਤ ਨਾਲ ਪਰਮਾਤਮਾ ਦੇ ਨਾਮ ਵਿਚ ਜੁੜਿਆਂ ਸਰੀਰ ਵਿਚ ਆਨੰਦ ਪੈਦਾ ਹੁੰਦਾ ਹੈ,
24735	560	ਨਾਮੁ ਪਰਮਲੁ ਹਿਰਦੈ ਰਹਿਆ ਸਮਾਇ॥੩॥	(ਪਰਮਲੁ) ਚੰਦਨ	Naam Paramal Hiradhai Rehiaa Samaae ||3||	The fragrance of the Naam permeates my heart. ||3||	ਤੇ ਆਤਮਕ ਜੀਵਨ ਦੀ ਸੁਗੰਧੀ ਦੇਣ ਵਾਲਾ ਹਰਿ-ਨਾਮ ਮਨੁੱਖ ਦੇ ਹਿਰਦੇ ਵਿਚ ਸਦਾ ਟਿਕਿਆ ਰਹਿੰਦਾ ਹੈ ॥੩॥
24736	560	ਨਾਨਕ ਮਸਤਕਿ ਜਿਸੁ ਵਡਭਾਗੁ॥		Naanak Masathak Jis Vaddabhaag ||	O Nanak, one who has such great destiny written upon his forehead,	ਹੇ ਨਾਨਕ! ਜਿਸ ਮਨੁੱਖ ਦੇ ਮੱਥੇ ਉਤੇ ਉੱਚੀ ਕਿਸਮਤ ਜਾਗਦੀ ਹੈ,

24737	560	ਗੁਰ ਕੀ ਬਾਣੀ ਸਹਜ ਬੈਰਾਗੁ॥੪॥੭॥		Gur Kee Baanee Sehaj Bairaag ||4||7||	Through the Bani of the Guru's Word, easily and intuitively becomes free of desire. ||4||7||	ਉਹ ਮਨੁੱਖ ਗੁਰੂ ਦੀ ਬਾਣੀ ਵਿਚ ਜੁੜਦਾ ਹੈ ਜਿਸ ਨਾਲ ਉਸ ਦੇ ਅੰਦਰ ਆਤਮਕ ਅਡੋਲਤਾ ਪੈਦਾ ਕਰਨ ਵਾਲਾ ਵੈਰਾਗ ਉਪਜਦਾ ਹੈ ॥੪॥੭॥
24738	560	ਵਡਹੰਸੁ ਮਹਲਾ ੩॥		Vaddehans Mehalaa 3 ||	Wadahans, Third Mehl:	
24739	560	ਪੂਰੇ ਗੁਰ ਤੇ ਨਾਮੁ ਪਾਇਆ ਜਾਇ॥		Poorae Gur Thae Naam Paaeiaa Jaae ||	From the Perfect Guru, the Naam is obtained.	ਹੇ ਮੇਰੇ ਮਨ! ਤੂੰ ਗੁਰੂ ਪਾਸੋਂ ਨਾਮ ਹਾਸਲ ਕਰ,
24740	560	ਸਚੈ ਸਬਦਿ ਸਚਿ ਸਮਾਇ॥੧॥		Sachai Sabadh Sach Samaae ||1||	Through the Shabad, the True Word of God, one merges in the True Lord. ||1||	ਜਿਸ ਸਚੇ ਸ਼ਬਦ ਦੀ ਰਾਹੀਂ ਤੂੰ ਸਦਾ-ਥਿਰ ਪ੍ਰਭੂ ਵਿੱਚ ਸਮਾ ਜਾਏਂ ॥੧॥
24741	560	ਏ ਮਨ ਨਾਮੁ ਨਿਧਾਨੁ ਤੂ ਪਾਇ॥		Eae Man Naam Nidhhaan Thoo Paae ||	O my soul, obtain the treasure of the Naam,	ਹੇ ਮੇਰੇ ਮਨ! ਤੂੰ ਨਾਮ-ਖ਼ਜ਼ਾਨਾ ਹਾਸਲ ਕਰ (ਗੁਰੂ ਕੋਲੋਂ),
24742	560	ਆਪਣੇ ਗੁਰ ਕੀ ਮੰਨਿ ਲੈ ਰਜਾਇ॥੧॥ਰਹਾਉ॥		Aapanae Gur Kee Mann Lai Rajaae ||1|| Rehaao ||	By submitting to the Will of your Guru. ||1||Pause||	ਆਪਣੇ ਗੁਰੂ ਦੇ ਹੁਕਮ ਨੂੰ ਮਨ ਕਿ ॥੧॥ ਰਹਾਉ ॥
24743	560	ਗੁਰ ਕੈ ਸਬਦਿ ਵਿਚਹੁ ਮੈਲੁ ਗਵਾਇ॥		Gur Kai Sabadh Vichahu Mail Gavaae ||	Through the Word of the Guru's Shabad, filth is washed away from within.	ਗੁਰ ਦੇ ਸ਼ਬਦ ਵਿਚ ਜੁੜਨ ਨਾਲ ਅੰਦਰੋਂ (ਵਿਕਾਰਾਂ ਦੀ) ਮੈਲ ਦੂਰ ਹੋ ਜਾਂਦੀ ਹੈ,

24744	560	ਨਿਰਮਲੁ ਨਾਮੁ ਵਸੈ ਮਨਿ ਆਇ॥੨॥		Niramal Naam Vasai Man Aae ||2||	The Immaculate Naam comes to abide within the mind. ||2||	ਤੇ ਪਰਮਾਤਮਾ ਦਾ ਪਵਿਤ੍ਰ ਨਾਮ ਮਨ ਵਿਚ ਵੱਸਾ ਜਾਂਦਾ ਹੈ ॥੨॥
24745	560	ਭਰਮੇ ਭੂਲਾ ਫਿਰੈ ਸੰਸਾਰੁ॥		Bharamae Bhoolaa Firai Sansaar ||	Deluded by doubt, the world wanders around.	ਜਗਤ ਭਟਕਣਾ ਦੇ ਕਾਰਨ (ਜੀਵਨ ਦੇ ਸਹੀ ਰਸਤੇ ਤੋਂ) ਭੁੱਲਿਆ ਫਿਰਦਾ ਹੈ,
24746	560	ਮਰਿ ਜਨਮੈ ਜਮੁ ਕਰੇ ਖੁਆਰੁ॥੩॥		Mar Janamai Jam Karae Khuaar ||3||	It dies, and is born again, and is ruined by the Messenger of Death. ||3||	ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ ਤੇ ਜਮ-ਰਾਜ ਸਦਾ ਇਸ ਨੂੰ ਖ਼ੁਆਰ ਕਰਦਾ ਹੈ ॥੩॥
24747	560	ਨਾਨਕ ਸੇ ਵਡਭਾਗੀ ਜਿਨ ਹਰਿ ਨਾਮੁ ਧਿਆਇਆ॥		Naanak Sae Vaddabhaagee Jin Har Naam Dhhiaaeiaa ||	O Nanak, very fortunate are those who meditate on the Name of the Lord.	ਹੇ ਨਾਨਕ! ਉਹ ਭਾਗਾਂ ਵਾਲੇ ਹਨ ਜਿਨ੍ਹਾਂ ਨੇ ਪਰਮਾਤਮਾ ਦਾ ਨਾਮ ਸਿਮਰਨ ਕੀਤਾ,
24748	560	ਗੁਰ ਪਰਸਾਦੀ ਮੰਨਿ ਵਸਾਇਆ॥੪॥੮॥		Gur Parasaadhee Mann Vasaaeiaa ||4||8||	By Guru's Grace, they enshrine the Name within their minds. ||4||8||	ਅਤੇ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਇਆ ॥੪॥੮॥
24749	560	ਵਡਹੰਸੁ ਮਹਲਾ ੩॥		Vaddehans Mehalaa 3 ||	Wadahans, Third Mehl:	

24750	560	ਹਉਮੈ ਨਾਵੈ ਨਾਲਿ ਵਿਰੋਧੁ ਹੈ ਦੁਇ ਨ ਵਸਹਿ ਇਕ ਠਾਇ॥		Houmai Naavai Naal Virodhh Hai Dhue N Vasehi Eik Thaae ||	Ego is opposed to the Name of the Lord; the two do not dwell in the same place.	ਹਉਮੈ ਦਾ ਪਰਮਾਤਮਾ ਦੇ ਨਾਮ ਨਾਲ ਵੈਰ ਹੈ, ਇਹ ਦੋਵੇਂ ਇਕੱਠੇ (ਹਿਰਦੇ ਵਿਚ) ਨਹੀਂ ਵੱਸ ਸਕਦੇ।
24751	560	ਹਉਮੈ ਵਿਚਿ ਸੇਵਾ ਨ ਹੋਵਈ ਤਾ ਮਨੁ ਬਿਰਥਾ ਜਾਇ॥੧॥		Houmai Vich Saevaa N Hovee Thaa Man Birathhaa Jaae ||1||	In egotism, selfless service cannot be performed, and so the soul goes unfulfilled. ||1||	ਹਉਮੈ ਵਿਚ ਟਿਕੇ ਰਿਹਾਂ ਪਰਮਾਤਮਾ ਦੀ ਸੇਵਾ-ਭਗਤੀ ਨਹੀਂ ਹੋ ਸਕਦੀ ਤੇ ਮਨ ਖ਼ਾਲੀ ਹੋ ਜਾਂਦਾ ਹੈ ॥੧॥
24752	560	ਹਰਿ ਚੇਤਿ ਮਨ ਮੇਰੇ ਤੂ ਗੁਰ ਕਾ ਸਬਦੁ ਕਮਾਇ॥		Har Chaeth Man Maerae Thoo Gur Kaa Sabadh Kamaae ||	O my mind, think of the Lord, and practice the Word of the Guru's Shabad.	ਹੇ ਮੇਰੇ ਮਨ! ਤੂੰ (ਆਪਣੇ ਅੰਦਰ) ਗੁਰੂ ਦਾ ਸ਼ਬਦ ਵਸਾਣ ਦੀ ਕਮਾਈ ਕਰ ਅਤੇ ਪਰਮਾਤਮਾ ਦਾ ਨਾਮ ਸਿਮਰਦਾ ਰਹੁ।
24753	560	ਹੁਕਮੁ ਮੰਨਹਿ ਤਾ ਹਰਿ ਮਿਲੈ ਤਾ ਵਿਚਹੁ ਹਉਮੈ ਜਾਇ॥ਰਹਾਉ॥		Hukam Mannehi Thaa Har Milai Thaa Vichahu Houmai Jaae || Rehaao ||	If you submit to the Hukam of the Lord's Command, then you shall meet with the Lord; only then will your ego depart from within. ||Pause||	ਜੇ ਤੂੰ (ਗੁਰੂ ਦਾ) ਹੁਕਮ ਮੰਨੇਂਗਾ, ਤਾਂ ਤੈਨੂੰ ਪਰਮਾਤਮਾ ਮਿਲ ਪਵੇਗਾ, ਤਾਂ ਤੇਰੇ ਅੰਦਰੋਂ ਹਉਮੈ ਦੂਰ ਹੋ ਜਾਇਗੀ। ਰਹਾਉ॥
24754	560	ਹਉਮੈ ਸਭੁ ਸਰੀਰੁ ਹੈ ਹਉਮੈ ਓਪਤਿ ਹੋਇ॥		Houmai Sabh Sareer Hai Houmai Oupath Hoe ||	Egotism is within all bodies; through egotism, we come to be born.	ਸਰੀਰ (ਧਾਰਨ ਦਾ ਇਹ) ਸਾਰਾ (ਸਿਲਸਿਲਾ) ਹਉਮੈ ਦੇ ਕਾਰਨ ਹੀ ਹੈ, ਹਉਮੈ ਦੇ ਕਾਰਨ ਜਨਮ-ਮਰਨ ਦਾ ਗੇੜ ਬਣਿਆ ਰਹਿੰਦਾ ਹੈ।

24755	560	ਹਉਮੈ ਵਡਾ ਗੁਬਾਰੁ ਹੈ ਹਉਮੈ ਵਿਚਿ ਬੁਝਿ ਨ ਸਕੈ ਕੋਇ॥੨॥	ਬੁੱਝਿ	Houmai Vaddaa Gubaar Hai Houmai Vich Bujh N Sakai Koe ||2||	Egotism is total darkness; in egotism, no one can understand anything. ||2||	ਹਉਮੈ ਬੜਾ ਘੁੱਪ ਹਨੇਰਾ ਹੈ, ਹਉਮੈ ਦੇ ਕਾਰਨ ਮਨੁੱਖ (ਆਤਮਕ ਜੀਵਨ ਦਾ ਰਸਤਾ) ਸਮਝ ਨਹੀਂ ਸਕਦਾ ॥੨॥
24756	560	ਹਉਮੈ ਵਿਚਿ ਭਗਤਿ ਨ ਹੋਵਈ ਹੁਕਮੁ ਨ ਬੁਝਿਆ ਜਾਇ॥	ਬੁੱਝਿਆ	Houmai Vich Bhagath N Hovee Hukam N Bujhiaa Jaae ||	In egotism, devotional worship cannot be performed, and the Hukam of the Lord's Command cannot be understood.	ਹਉਮੈ ਵਿਚ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ ਤੇ ਪਰਮਾਤਮਾ ਦੀ ਰਜ਼ਾ ਸਮਝੀ ਨਹੀਂ ਜਾ ਸਕਦੀ।
24757	560	ਹਉਮੈ ਵਿਚਿ ਜੀਉ ਬੰਧੁ ਹੈ ਨਾਮੁ ਨ ਵਸੈ ਮਨਿ ਆਇ॥੩॥		Houmai Vich Jeeo Bandhh Hai Naam N Vasai Man Aae ||3||	In egotism, the soul is in bondage, and the Naam, the Name of the Lord, does not come to abide in the mind. ||3||	ਹਉਮੈ ਕਾਰਨ ਜੀਵਾਤਮਾ ਵਾਸਤੇ (ਆਤਮਕ ਜੀਵਨ ਦੇ ਰਾਹ ਦੀ) ਰੋਕ ਬਣੀ ਰਹਿੰਦੀ ਹੈ ਤੇ ਪਰਮਾਤਮਾ ਦਾ ਨਾਮ ਮਨੁੱਖ ਦੇ ਮਨ ਵਿਚ ਆ ਕੇ ਨਹੀਂ ਵੱਸ ਸਕਦਾ ॥੩॥
24758	560	ਨਾਨਕ ਸਤਗੁਰਿ ਮਿਲਿਐ ਹਉਮੈ ਗਈ ਤਾ ਸਚੁ ਵਸਿਆ ਮਨਿ ਆਇ॥		Naanak Sathagur Miliai Houmai Gee Thaa Sach Vasiaa Man Aae ||	O Nanak, meeting with the True Guru, egotism is eliminated, and then, the True Lord comes to dwell in the mind||	ਹੇ ਨਾਨਕ! ਜੇ ਗੁਰੂ ਮਿਲ ਪਏ ਤਾਂ (ਮਨੁੱਖ ਦੇ ਅੰਦਰੋਂ) ਹਉਮੈ ਦੂਰ ਹੋ ਜਾਂਦੀ ਹੈ, ਤਦੋਂ ਸਦਾ-ਥਿਰ ਪ੍ਰਭੂ ਮਨੁੱਖ ਦੇ ਮਨ ਵਿਚ ਆ ਵੱਸਦਾ ਹੈ,

24759	560	ਸਚੁ ਕਮਾਵੈ ਸਚਿ ਰਹੈ ਸਚੇ ਸੇਵਿ ਸਮਾਇ॥੪॥੯॥੧੨॥		Sach Kamaavai Sach Rehai Sachae Saev Samaae ||4||9||12||	One starts practicing truth, abides in truth and by serving the True One gets absorbed in Him. ||4||9||12||	ਤੇ ਮਨੁੱਖ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦਾ ਹੈ ਤੇ ਹਰਿ-ਨਾਮ ਵਿਚ ਟਿਕਿਆ ਰਹਿੰਦਾ ਹੈ ਤੇ ਸੇਵਾ-ਭਗਤੀ ਕਰ ਕੇ ਸਦਾ-ਥਿਰ ਹਰੀ ਵਿਚ ਲੀਨ ਹੋ ਜਾਂਦਾ ਹੈ ॥੪॥੯॥੧੨॥
24760	560	ਵਡਹੰਸੁ ਮਹਲਾ ੪ ਘਰੁ ੧		Vaddehans Mehalaa 4 Ghar 1	Wadahans, Fourth Mehl, First House:	ਰਾਗ ਵਡਹੰਸ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
24761	560	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
24762	560	ਸੇਜ ਏਕ ਏਕੋ ਪ੍ਰਭੁ ਠਾਕੁਰੁ॥		Saej Eaek Eaeko Prabh Thaakur ||	There is one bed, and One Lord God.	(ਹਿਰਦਾ) ਇਕ ਪਲੰਘ ਹੈ ਜਿਸ ਉੱਤੇ ਮਾਲਕ ਪ੍ਰਭੂ ਬਿਰਾਜਮਾਨ ਹੈ।
24763	560	ਗੁਰਮੁਖਿ ਹਰਿ ਰਾਵੇ ਸੁਖਸਾਗਰੁ॥੧॥	ਸੁਖ-ਸਾਗਰੁ	Guramukh Har Raavae Sukh Saagar ||1||	The Gurmukh enjoys the Lord, the ocean of peace. ||1||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਸੁਖਾਂ ਦੇ ਸਮੁੰਦਰ ਹਰੀ ਨੂੰ (ਸਦਾ) ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ ॥੧॥
24764	560	ਮੈ ਪ੍ਰਭ ਮਿਲਣ ਪ੍ਰੇਮ ਮਨਿ ਆਸਾ॥		Mai Prabh Milan Praem Man Aasaa ||	My mind longs to meet my Beloved Lord.	ਮੇਰੇ ਮਨ ਵਿਚ ਪ੍ਰਭੂ ਨੂੰ ਮਿਲਣ ਲਈ ਖਿੱਚ ਹੈ, ਆਸ ਹੈ।

24765	561	ਗੁਰੁ ਪੂਰਾ ਮੇਲਾਵੈ ਮੇਰਾ ਪ੍ਰੀਤਮੁ ਹਉ ਵਾਰਿ ਵਾਰਿ ਆਪਣੇ ਗੁਰੂ ਕਉ ਜਾਸਾ॥੧॥ਰਹਾਉ॥	ਜਾੱਸਾ	Gur Pooraa Maelaavai Maeraa Preetham Ho Vaar Vaar Aapanae Guroo Ko Jaasaa ||1|| Rehaao ||	The Perfect Guru leads me to meet my Beloved; I am a sacrifice, a sacrifice to my Guru. ||1||Pause||	ਪੂਰਾ ਗੁਰੂ ਹੀ ਮੇਰਾ ਪਿਆਰਾ (ਪ੍ਰਭੂ) ਮਿਲਾ ਸਕਦਾ ਹੈ, ਮੈਂ ਆਪਣੇ ਗੁਰੂ ਤੋਂ ਕੁਰਬਾਨ ਕੁਰਬਾਨ ਜਾਂਦਾ ਹਾਂ ॥੧॥ ਰਹਾਉ ॥
24766	561	ਮੈ ਅਵਗਣ ਭਰਪੂਰਿ ਸਰੀਰੇ॥		Mai Avagan Bharapoor Sareerae ||	My body is over-flowing with corruption;	ਮੇਰੇ ਸਰੀਰ ਵਿਚ ਔਗੁਣ ਹੀ ਔਗੁਣ ਭਰੇ ਪਏ ਹਨ।
24767	561	ਹਉ ਕਿਉ ਕਰਿ ਮਿਲਾ ਅਪਣੇ ਪ੍ਰੀਤਮ ਪੂਰੇ॥੨॥		Ho Kio Kar Milaa Apanae Preetham Poorae ||2||	How can I meet my Perfect Beloved? ||2||	ਮੈਂ ਆਪਣੇ ਉਸ ਪ੍ਰੀਤਮ ਨੂੰ ਕਿਵੇਂ ਮਿਲ ਸਕਾਂ ਜੋ ਸਾਰੇ ਗੁਣਾਂ ਨਾਲ ਭਰਪੂਰ ਹੈ? ॥੨॥
24768	561	ਜਿਨਿ ਗੁਣਵੰਤੀ ਮੇਰਾ ਪ੍ਰੀਤਮੁ ਪਾਇਆ॥		Jin Gunavanthee Maeraa Preetham Paaeiaa ||	The virtuous ones obtain my Beloved;	ਜਿਸ ਗੁਣਾਂ ਵਾਲੀ (ਵਡ-ਭਾਗਣ ਜੀਵ-ਇਸਤ੍ਰੀ) ਨੇ ਪਿਆਰੇ ਪ੍ਰਭੂ ਨੂੰ ਲੱਭ ਲਿਆ,
24769	561	ਸੇ ਮੈ ਗੁਣ ਨਾਹੀ ਹਉ ਕਿਉ ਮਿਲਾ ਮੇਰੀ ਮਾਇਆ॥੩॥		Sae Mai Gun Naahee Ho Kio Milaa Maeree Maaeiaa ||3||	I do not have these virtues. How can I meet Him, O my mother? ||3||	ਮੇਰੇ ਅੰਦਰ ਉਹੋ ਜਿਹੇ ਗੁਣ ਨਹੀਂ ਹਨ। ਮੈਂ ਕਿਵੇਂ ਪ੍ਰਭੂ ਨੂੰ ਮਿਲ ਸਕਦੀ ਹਾਂ? ॥੩॥

24770	561	ਹਉ ਕਰਿ ਕਰਿ ਥਾਕਾ ਉਪਾਵ ਬਹੁਤੇਰੇ॥		Ho Kar Kar Thhaakaa Oupaav Bahuthaerae ||	I am so tired of making all these efforts.	ਮੈਂ ਅਨੇਕਾਂ ਉਪਾਵ ਕਰ ਕਰ ਕੇ ਥੱਕ ਗਿਆ ਹਾਂ,
24771	561	ਨਾਨਕ ਗਰੀਬ ਰਾਖਹੁ ਹਰਿ ਮੇਰੇ॥੪॥੧॥		Naanak Gareeb Raakhahu Har Maerae ||4||1||	Please protect Nanak, the meek one, O my Lord. ||4||1||	ਨਾਨਕ ਗਰੀਬ ਨੂੰ ਆਪਣੇ ਚਰਨਾਂ ਵਿਚ ਜੋੜੀ ਰੱਖ, ਹੇ ਪ੍ਰਭ! ॥੪॥੧॥
24772	561	ਵਡਹੰਸੁ ਮਹਲਾ ੪॥		Vaddehans Mehalaa 4 ||	Wadahans, Fourth Mehl:	
24773	561	ਮੇਰਾ ਹਰਿ ਪ੍ਰਭੁ ਸੁੰਦਰੁ ਮੈ ਸਾਰ ਨ ਜਾਣੀ॥		Maeraa Har Prabh Sundhar Mai Saar N Jaanee ||	My Lord God is so beautiful. I do not know His worth.	ਮੇਰਾ ਹਰੀ ਪ੍ਰਭੂ ਸੋਹਣਾ ਹੈ, ਪਰ ਮੈਂ ਉਸ ਦੀ ਕਦਰ ਨਹੀਂ ਜਾਣਦੀ।
24774	561	ਹਉ ਹਰਿ ਪ੍ਰਭ ਛੋਡਿ ਦੂਜੈ ਲੋਭਾਣੀ॥੧॥		Ho Har Prabh Shhodd Dhoojai Lobhaanee ||1||	Abandoning my Lord God, I have become entangled in duality. ||1||	ਮੈਂ ਉਸ ਹਰੀ ਨੂੰ, ਉਸ ਪ੍ਰਭੂ ਨੂੰ ਛੱਡ ਕੇ ਮਾਇਆ ਦੇ ਮੋਹ ਵਿਚ ਹੀ ਫਸੀ ਰਹੀ ॥੧॥
24775	561	ਹਉ ਕਿਉ ਕਰਿ ਪਿਰ ਕਉ ਮਿਲਉ ਇਆਣੀ॥		Ho Kio Kar Pir Ko Milo Eiaanee ||	How can I meet with my Husband? I don't know.	ਮੈਂ ਮੂਰਖ ਹਾਂ, ਮੈਂ ਪ੍ਰਭੂ-ਪਤੀ ਨੂੰ ਕਿਵੇਂ ਮਿਲ ਸਕਦੀ ਹਾਂ?

24776	561	ਜੋ ਪਿਰ ਭਾਵੈ ਸਾ ਸੋਹਾਗਣਿ ਸਾਈ ਪਿਰ ਕਉ ਮਿਲੈ ਸਿਆਣੀ॥੧॥ਰਹਾਉ ॥		Jo Pir Bhaavai Saa Sohaagan Saaee Pir Ko Milai Siaanee ||1|| Rehaao ||	She who pleases her Husband Lord is a happy soul-bride. She meets with her Husband Lord - she is so wise. ||1||Pause||	ਜੇਹੜੀ (ਜੀਵ-ਇਸਤ੍ਰੀ) ਪ੍ਰਭੂ-ਪਤੀ ਨੂੰ ਪਸੰਦ ਆਉਂਦੀ ਹੈ, ਉਹ ਭਾਗਾਂ ਵਾਲੀ ਹੈ, ਉਹੀ ਅਕਲ ਵਾਲੀ ਹੈ, ਉਹੀ ਪ੍ਰਭੂ-ਪਤੀ ਨੂੰ ਮਿਲ ਸਕਦੀ ਹੈ ॥੧॥ ਰਹਾਉ ॥
24777	561	ਮੈ ਵਿਚਿ ਦੋਸ ਹਉ ਕਿਉ ਕਰਿ ਪਿਰੁ ਪਾਵਾ॥		Mai Vich Dhos Ho Kio Kar Pir Paavaa ||	I am filled with faults; how can I attain my Husband Lord?	ਮੇਰੇ ਅੰਦਰ (ਅਨੇਕਾਂ) ਐਬ ਹਨ, ਮੈਂ ਪ੍ਰਭੂ-ਪਤੀ ਨੂੰ ਕਿਵੇਂ ਮਿਲ ਪਾਵਾਂ?
24778	561	ਤੇਰੇ ਅਨੇਕ ਪਿਆਰੇ ਹਉ ਪਿਰ ਚਿਤਿ ਨ ਆਵਾ॥੨॥		Thaerae Anaek Piaarae Ho Pir Chith N Aavaa ||2||	You have many loves, but I am not in Your thoughts, O my Husband Lord. ||2||	ਹੇ ਪ੍ਰਭੂ-ਪਤੀ! ਤੇਰੇ ਨਾਲ ਪਿਆਰ ਕਰਨ ਵਾਲੇ ਅਨੇਕਾਂ ਹੀ ਹਨ, ਮੈਂ ਤੇਰੇ ਚਿੱਤ ਵਿਚ ਨਹੀਂ ਆ ਸਕਦੀ ॥੨॥
24779	561	ਜਿਨਿ ਪਿਰੁ ਰਾਵਿਆ ਸਾ ਭਲੀ ਸੁਹਾਗਣਿ॥		Jin Pir Raaviaa Saa Bhalee Suhaagan ||	She who enjoys her Husband Lord, is the good soul-bride.	ਜਿਸ ਜੀਵ-ਇਸਤ੍ਰੀ ਨੇ ਪ੍ਰਭੂ-ਪਤੀ ਨੂੰ ਹਿਰਦੇ ਵਿਚ ਵਸਾ ਲਿਆ, ਉਹ ਨੇਕ ਹੈ, ਉਹ ਭਾਗਾਂ ਵਾਲੀ ਹੈ,
24780	561	ਸੇ ਮੈ ਗੁਣ ਨਾਹੀ ਹਉ ਕਿਆ ਕਰੀ ਦੁਹਾਗਣਿ॥੩॥		Sae Mai Gun Naahee Ho Kiaa Karee Dhuhaagan ||3||	I don't have these virtues; what can I, the discarded bride, do? ||3||	ਉਸ ਸੁਹਾਗਣ ਵਾਲੇ ਗੁਣ ਮੇਰੇ ਅੰਦਰ ਨਹੀਂ ਹਨ, ਮੈਂ ਛੁੱਟੜ (ਪ੍ਰਭੂ-ਪਤੀ ਨੂੰ ਮਿਲਣ ਲਈ) ਕੀਹ ਕਰ ਸਕਦੀ ਹਾਂ? ॥੩॥

24781	561	ਨਿਤ ਸੁਹਾਗਣਿ ਸਦਾ ਪਿਰੁ ਰਾਵੈ॥		Nith Suhaagan Sadhaa Pir Raavai ||	The soul-bride continually, constantly enjoys her Husband Lord.	ਜੇਹੜੀ ਜੀਵ-ਇਸਤ੍ਰੀ ਸਦਾ ਪ੍ਰਭੂ-ਪਤੀ ਨੂੰ ਹਿਰਦੇ ਵਿਚ ਵਸਾਈ ਰੱਖਦੀ ਹੈ ਉਹ ਸਦਾ ਭਾਗਾਂ ਵਾਲੀ ਹੈ।
24782	561	ਮੈ ਕਰਮਹੀਣ ਕਬ ਹੀ ਗਲਿ ਲਾਵੈ॥੪॥		Mai Karameheen Kab Hee Gal Laavai ||4||	I have no good fortune; will He ever hold me close in His embrace? ||4||	ਮੇਰੇ ਵਰਗੀ ਮੰਦ-ਭਾਗਣ ਨੂੰ ਉਹ ਕਦੇ (ਕਿਸਮਤ ਨਾਲ) ਹੀ ਆਪਣੇ ਗਲ ਨਾਲ ਲਾਂਦਾ ਹੈ ॥੪॥
24783	561	ਤੂ ਪਿਰੁ ਗੁਣਵੰਤਾ ਹਉ ਅਉਗੁਣਿਆਰਾ॥		Thoo Pir Gunavanthaa Ho Aouguniaaraa ||	You, O Husband Lord, are meritorious, while I am without merit.	ਹੇ ਪ੍ਰਭੂ-ਪਤੀ! ਤੂੰ ਗੁਣਾਂ ਨਾਲ ਭਰਪੂਰ ਹੈਂ, ਪਰ ਮੈਂ ਅਉਗਣਾਂ ਨਾਲ ਭਰਿਆ ਹੋਇਆ ਹਾਂ।
24784	561	ਮੈ ਨਿਰਗੁਣ ਬਖਸਿ ਨਾਨਕੁ ਵੇਚਾਰਾ॥੫॥੨॥		Mai Niragun Bakhas Naanak Vaechaaraa ||5||2||	I am worthless; please forgive Nanak, the meek. ||5||2||	ਮੈਨੂੰ ਗੁਣ-ਹੀਨ ਨਿਮਾਣੇ ਨਾਨਕ ਨੂੰ ਬਖ਼ਸ਼ ਲੈ ॥੫॥੨॥
24785	561	ਵਡਹੰਸੁ ਮਹਲਾ ੪ ਘਰੁ ੨		Vaddehans Mehalaa 4 Ghar 2	Wadahans, Fourth Mehl, Second House:	ਰਾਗ ਵਡਹੰਸ, ਘਰ ੨ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
24786	561	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

24787	561	ਮੈ ਮਨਿ ਵਡੀ ਆਸ ਹਰੇ ਕਿਉ ਕਰਿ ਹਰਿ ਦਰਸਨੁ ਪਾਵਾ॥		Mai Man Vaddee Aas Harae Kio Kar Har Dharasan Paavaa ||	Within my mind there is such a great yearning; how will I attain the Blessed Vision of the Lord's Darshan?	ਹੇ ਹਰੀ! ਮੇਰੇ ਮਨ ਵਿਚ ਬੜੀ ਤਾਂਘ ਹੈ ਕਿ ਮੈਂ ਕਿਸੇ ਨ ਕਿਸੇ ਤਰ੍ਹਾਂ, ਤੇਰਾ ਦਰਸਨ ਕਰ ਸਕਾਂ।
24788	561	ਹਉ ਜਾਇ ਪੁਛਾ ਅਪਨੇ ਸਤਗੁਰੈ ਗੁਰ ਪੁਛਿ ਮਨੁ ਮੁਗਧੁ ਸਮਝਾਵਾ॥	ਪੁੱਛਾਂ	Ho Jaae Pushhaa Apanae Sathagurai Gur Pushh Man Mugadhh Samajhaavaa ||	I go and ask my True Guru; with the Guru's advice, I shall teach my foolish mind.	ਮੈਂ ਆਪਣੇ ਗੁਰੂ ਪਾਸ ਜਾ ਕੇ ਗੁਰੂ ਪਾਸੋਂ ਪੁੱਛਦੀ ਹਾਂ ਤੇ ਗੁਰੂ ਨੂੰ ਪੁੱਛ ਕੇ ਆਪਣੇ ਮੂਰਖ ਮਨ ਨੂੰ ਸਿੱਖਿਆ ਦੇਂਦੀ ਰਹਿੰਦੀ ਹਾਂ।
24789	561	ਭੂਲਾ ਮਨੁ ਸਮਝੈ ਗੁਰ ਸਬਦੀ ਹਰਿ ਹਰਿ ਸਦਾ ਧਿਆਏ॥		Bhoolaa Man Samajhai Gur Sabadhee Har Har Sadhaa Dhhiaaeae ||	The foolish mind is instructed in the Word of the Guru's Shabad, and meditates forever on the Lord, Har, Har.	ਕੁਰਾਹੇ ਪਿਆ ਹੋਇਆ ਮਨ ਗੁਰੂ ਦੇ ਸ਼ਬਦ ਵਿਚ ਜੁੜ ਕੇ ਹੀ ਅਕਲ ਸਿੱਖਦਾ ਹੈ ਤੇ ਫਿਰ ਉਹ ਸਦਾ ਪਰਮਾਤਮਾ ਦਾ ਨਾਮ ਯਾਦ ਕਰਦਾ ਰਹਿੰਦਾ ਹੈ।
24790	561	ਨਾਨਕ ਜਿਸੁ ਨਦਰਿ ਕਰੇ ਮੇਰਾ ਪਿਆਰਾ ਸੋ ਹਰਿ ਚਰਣੀ ਚਿਤੁ ਲਾਏ॥੧॥		Naanak Jis Nadhar Karae Maeraa Piaaraa So Har Charanee Chith Laaeae ||1||	O Nanak, one who is blessed with the Mercy of my Beloved, focuses his consciousness on the Lord's Feet. ||1||	ਹੇ ਨਾਨਕ! ਜਿਸ ਮਨੁੱਖ ਉਤੇ ਮੇਰਾ ਪਿਆਰਾ ਪ੍ਰਭੂ ਮੇਹਰ ਦੀ ਨਜ਼ਰ ਕਰਦਾ ਹੈ, ਉਹ ਪ੍ਰਭੂ ਦੇ ਚਰਨਾਂ ਵਿਚ ਆਪਣਾ ਚਿੱਤ ਜੋੜੀ ਰੱਖਦਾ ਹੈ ॥੧॥

24791	561	ਹਉ ਸਭਿ ਵੇਸ ਕਰੀ ਪਿਰ ਕਾਰਣਿ ਜੇ ਹਰਿ ਪ੍ਰਭ ਸਾਚੇ ਭਾਵਾ॥		Ho Sabh Vaes Karee Pir Kaaran Jae Har Prabh Saachae Bhaavaa ||	I dress myself in all sorts of robes for my Husband, so that my True Lord God will be pleased.	ਮੈਂ ਪ੍ਰਭੂ-ਪਤੀ ਮਿਲਣ ਦੀ ਖ਼ਾਤਰ ਸਾਰੇ ਵੇਸ (ਧਾਰਮਿਕ ਪਹਿਰਾਵੇ ਆਦਿਕ) ਕਰਦੀ ਹਾਂ ਤਾਂ ਕਿ ਮੈਂ ਉਸ ਸਦਾ ਕਾਇਮ ਰਹਿਣ ਵਾਲੇ ਹਰੀ ਪ੍ਰਭੂ ਨੂੰ ਪਸੰਦ ਆ ਜਾਵਾਂ।
24792	561	ਸੋ ਪਿਰੁ ਪਿਆਰਾ ਮੈ ਨਦਰਿ ਨ ਦੇਖੈ ਹਉ ਕਿਉ ਕਰਿ ਧੀਰਜੁ ਪਾਵਾ॥		So Pir Piaaraa Mai Nadhar N Dhaekhai Ho Kio Kar Dhheeraj Paavaa ||	But my Beloved Husband Lord does not even cast a glance in my direction; how can I be consoled?	ਪਰ ਉਹ ਪਿਆਰਾ ਪ੍ਰਭੂ ਮੇਰੇ ਵਲ ਨਿਗਾਹ ਕਰ ਕੇ ਤੱਕਦਾ ਹੀ ਨਹੀਂ ਮੈਂ ਕਿਵੇਂ ਸ਼ਾਂਤੀ ਹਾਸਲ ਕਰ ਸਕਦੀ ਹਾਂ?
24793	561	ਜਿਸੁ ਕਾਰਣਿ ਹਉ ਸੀਗਾਰੁ ਸੀਗਾਰੀ ਸੋ ਪਿਰੁ ਰਤਾ ਮੇਰਾ ਅਵਰਾ॥	ਰੱਤਾ	Jis Kaaran Ho Seegaar Seegaaree So Pir Rathaa Maeraa Avaraa ||	For His sake, I adorn myself with adornments, but my Husband is imbued with the love of another.	ਜਿਸ ਪ੍ਰਭੂ-ਪਤੀ ਦੀ ਖ਼ਾਤਰ ਮੈਂ (ਇਹ ਬਾਹਰਲਾ) ਸਿੰਗਾਰ ਕਰਦੀ ਹਾਂ, ਮੇਰਾ ਉਹ ਪ੍ਰਭੂ-ਪਤੀ ਤਾਂ ਹੋਰਨਾਂ ਵਿਚ ਪ੍ਰਸੰਨ ਹੁੰਦਾ ਹੈ।
24794	561	ਨਾਨਕ ਧਨੁ ਧੰਨੁ ਧੰਨੁ ਸੋਹਾਗਣਿ ਜਿਨਿ ਪਿਰੁ ਰਾਵਿਅੜਾ ਸਚੁ ਸਵਰਾ॥੨॥		Naanak Dhhan Dhhann Dhhann Sohaagan Jin Pir Raaviarraa Sach Savaraa ||2||	O Nanak, blessed, blessed, blessed is that soul-bride, who enjoys her True, Sublime Husband Lord. ||2||	ਹੇ ਨਾਨਕ! ਉਹ ਜੀਵ-ਇਸਤ੍ਰੀ ਸਲਾਹੁਣ-ਜੋਗ ਹੈ ਤੇ ਭਾਗਾਂ ਵਾਲੀ ਹੈ ਜਿਸ ਨੇ ਉਸ ਸਦਾ ਕਾਇਮ ਰਹਿਣ ਵਾਲੇ ਸੁੰਦਰ ਪ੍ਰਭੂ-ਪਤੀ ਨੂੰ ਆਪਣੇ ਹਿਰਦੇ ਵਿਚ ਵਸਾ ਲਿਆ ਹੈ ॥੨॥

24795	561	ਹਉ ਜਾਇ ਪੁਛਾ ਸੋਹਾਗ ਸੁਹਾਗਣਿ ਤੁਸੀ ਕਿਉ ਪਿਰੁ ਪਾਇਅੜਾ ਪ੍ਰਭੁ ਮੇਰਾ॥	(ਸੋਹਾਗ) ਖੁਸ਼ਨਸੀਬ	Ho Jaae Pushhaa Sohaag Suhaagan Thusee Kio Pir Paaeiarraa Prabh Maeraa ||	I go and ask the fortunate, happy soul-bride, ""How did you attain Him - your Husband Lord, my God?""	ਮੈਂ ਜਾ ਕੇ ਪ੍ਰਭੂ-ਖਸਮ ਦੀ ਪਿਆਰੀ (ਜੀਵ-ਇਸਤ੍ਰੀ) ਨੂੰ ਪੁੱਛਦੀ ਹਾਂ ਕਿ ਤੂੰ ਪਿਆਰਾ ਪ੍ਰਭੂ-ਪਤੀ ਕਿਵੇਂ ਲੱਭਾ?
24796	561	ਮੈ ਊਪਰਿ ਨਦਰਿ ਕਰੀ ਪਿਰਿ ਸਾਚੈ ਮੈ ਛੋਡਿਅੜਾ ਮੇਰਾ ਤੇਰਾ॥		Mai Oopar Nadhar Karee Pir Saachai Mai Shhoddiarraa Maeraa Thaeraa ||	She answers, ""My True Husband blessed me with His Mercy; I abandoned the distinction between mine and yours.	(ਉਹ ਉੱਤਰ ਦੇਂਦੀ ਹੈ) ਸਦਾ ਕਾਇਮ ਰਹਿਣ ਵਾਲੇ ਪ੍ਰਭੂ-ਪਤੀ ਨੇ ਮੇਰੇ ਉਤੇ ਮੇਹਰ ਦੀ ਨਜ਼ਰ ਕੀਤੀ ਤਾਂ ਮੈਂ ਮੇਰ-ਤੇਰ (ਵਿਤਕਰਾ) ਛੱਡ ਦਿੱਤਾ।
24797	561	ਸਭੁ ਮਨੁ ਤਨੁ ਜੀਉ ਕਰਹੁ ਹਰਿ ਪ੍ਰਭ ਕਾ ਇਤੁ ਮਾਰਗਿ ਭੈਣੇ ਮਿਲੀਐ॥		Sabh Man Than Jeeo Karahu Har Prabh Kaa Eith Maarag Bhainae Mileeai ||	Dedicate everything, mind, body and soul, to the Lord God; this is the Path to meet Him, O sister.""	ਆਪਣਾ ਮਨ, ਆਪਣਾ ਸਰੀਰ, ਆਪਣੀ ਜਿੰਦ-ਸਭ ਕੁਝ ਪ੍ਰਭੂ ਦੇ ਹਵਾਲੇ ਕਰ ਦਿਉ, ਇਸ ਰਾਹ ਉਤੇ ਤੁਰਿਆਂ ਹੀ ਉਸ ਨੂੰ ਮਿਲ ਸਕੀਦਾ ਹੈ।
24798	561	ਆਪਨੜਾ ਪ੍ਰਭੁ ਨਦਰਿ ਕਰਿ ਦੇਖੈ ਨਾਨਕ ਜੋਤਿ ਜੋਤੀ ਰਲੀਐ॥੩॥		Aapanarraa Prabh Nadhar Kar Dhaekhai Naanak Joth Jothee Raleeai ||3||	If her God gazes upon her with favor, O Nanak, her light merges into the Light. ||3||	ਹੇ ਨਾਨਕ! ਪਿਆਰਾ ਪ੍ਰਭੂ ਜਿਸ ਜੀਵ ਨੂੰ ਮੇਹਰ ਦੀ ਨਿਗਾਹ ਨਾਲ ਵੇਖਦਾ ਹੈ, ਉਸ ਦੀ ਜਿੰਦ ਪ੍ਰਭੂ ਦੀ ਜੋਤਿ ਨਾਲ ਇਕ-ਮਿਕ ਹੋ ਜਾਂਦੀ ਹੈ ॥੩॥

24799	561	ਜੋ ਹਰਿ ਪ੍ਰਭ ਕਾ ਮੈ ਦੇਇ ਸਨੇਹਾ ਤਿਸੁ ਮਨੁ ਤਨੁ ਅਪਣਾ ਦੇਵਾ॥	ਦੇ-ਇ। ਦੇਵਾਂ	Jo Har Prabh Kaa Mai Dhaee Sanaehaa This Man Than Apanaa Dhaevaa ||	I dedicate my mind and body to the one who brings me a message from my Lord God.	ਜੇਹੜਾ (ਗੁਰਮੁਖ) ਮੈਨੂੰ ਹਰੀ-ਪ੍ਰਭੂ (ਦੀ ਸਿਫ਼ਤ-ਸਾਲਾਹ) ਦਾ ਸੁਨੇਹਾ ਦੇਵੇ, ਮੈਂ ਆਪਣਾ ਮਨ ਆਪਣਾ ਹਿਰਦਾ ਉਸ ਦੇ ਹਵਾਲੇ ਕਰਨ ਨੂੰ ਤਿਆਰ ਹਾਂ।
24800	561	ਨਿਤ ਪਖਾ ਫੇਰੀ ਸੇਵ ਕਮਾਵਾ ਤਿਸੁ ਆਗੈ ਪਾਣੀ ਢੋਵਾਂ॥		Nith Pakhaa Faeree Saev Kamaavaa This Aagai Paanee Dtovaan ||	I wave the fan over him every day, serve him and carry water for him.	ਮੈਂ ਸਦਾ ਉਸ ਨੂੰ ਪੱਖਾ ਝੱਲਣ ਨੂੰ ਤਿਆਰ ਹਾਂ, ਉਸ ਦੀ ਸੇਵਾ ਕਰਨ ਨੂੰ ਤਿਆਰ ਹਾਂ ਤੇ ਉਸ ਦੇ ਵਾਸਤੇ ਪਾਣੀ ਢੋਣ ਨੂੰ ਤਿਆਰ ਹਾਂ।
24801	561	ਨਿਤ ਨਿਤ ਸੇਵ ਕਰੀ ਹਰਿ ਜਨ ਕੀ ਜੋ ਹਰਿ ਹਰਿ ਕਥਾ ਸੁਣਾਏ॥		Nith Nith Saev Karee Har Jan Kee Jo Har Har Kathhaa Sunaaeae ||	Constantly and continuously, I serve the Lord's humble servant, who recites to me the sermon of the Lord, Har, Har.	ਪਰਮਾਤਮਾ ਦਾ ਜੇਹੜਾ ਭਗਤ ਮੈਨੂੰ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਸੁਣਾਏ, ਮੈਂ ਉਸ ਦੀ ਸੇਵਾ ਕਰਨ ਨੂੰ ਸਦਾ ਸਦਾ ਤਿਆਰ ਹਾਂ।
24802	562	ਧਨੁ ਧੰਨੁ ਗੁਰੂ ਗੁਰ ਸਤਿਗੁਰੁ ਪੂਰਾ ਨਾਨਕ ਮਨਿ ਆਸ ਪੁਜਾਏ ॥੪॥		Dhhan Dhhann Guroo Gur Sathigur Pooraa Naanak Man Aas Pujaaeae ||4||	Hail, hail unto the Guru, the Guru, the Perfect True Guru, who fulfills Nanak's heart's desires. ||4||	ਹੇ ਨਾਨਕ! ਧੰਨ ਹੈ ਮੇਰਾ ਗੁਰੂ, ਸ਼ਾਬਾਸ਼ ਹੈ ਮੇਰੇ ਪੂਰੇ ਗੁਰੂ ਨੂੰ, ਜੇਹੜਾ ਮੇਰੇ ਮਨ ਵਿਚ (ਪ੍ਰਭੂ-ਮਿਲਾਪ ਦੀ) ਆਸ ਪੂਰੀ ਕਰਦਾ ਹੈ ॥੪॥

24803	562	ਗੁਰੁ ਸਜਣੁ ਮੇਰਾ ਮੇਲਿ ਹਰੇ ਜਿਤੁ ਮਿਲਿ ਹਰਿ ਨਾਮੁ ਧਿਆਵਾ॥		Gur Sajan Maeraa Mael Harae Jith Mil Har Naam Dhhiaavaa ||	O Lord, let me meet the Guru, my best friend; meeting Him, I meditate on the Lord's Name.	(ਹੇ ਹਰੀ!) ਮੈਨੂੰ ਮੇਰਾ ਮਿੱਤਰ ਗੁਰੂ ਮਿਲਾ, ਜਿਸ (ਦੇ ਚਰਨਾਂ) ਵਿਚ ਲੀਨ ਹੋ ਕੇ ਮੈਂ ਹਰਿ-ਨਾਮ ਸਿਮਰਦਾ ਰਹਾਂ।
24804	562	ਗੁਰ ਸਤਿਗੁਰ ਪਾਸਹੁ ਹਰਿ ਗੋਸਟਿ ਪੂਛਾਂ ਕਰਿ ਸਾਂਝੀ ਹਰਿ ਗੁਣ ਗਾਵਾਂ॥	(ਸਾਂਝੀ) ਮਿਲਕੇ	Gur Sathigur Paasahu Har Gosatt Pooshhaan Kar Saanjhee Har Gun Gaavaan ||	I seek the Lord's sermon from the Guru, the True Guru; joining with Him, I sing the Glorious Praises of the Lord.	ਗੁਰੂ ਪਾਸੋਂ ਮੈਂ ਹਰਿ-ਮਿਲਾਪ (ਦੀਆਂ ਗੱਲਾਂ) ਪੁੱਛਦਾ ਰਹਾਂ ਤੇ ਗੁਰੂ ਦੀ ਸੰਗਤ ਕਰ ਕੇ ਮੈਂ ਹਰਿ-ਗੁਣ ਗਾਂਦਾ ਰਹਾਂ।
24805	562	ਗੁਣ ਗਾਵਾ ਨਿਤ ਨਿਤ ਸਦ ਹਰਿ ਕੇ ਮਨੁ ਜੀਵੈ ਨਾਮੁ ਸੁਣਿ ਤੇਰਾ॥		Gun Gaavaa Nith Nith Sadh Har Kae Man Jeevai Naam Sun Thaeraa ||	Each and every day, forever, I sing the Lord's Praises; my mind lives by hearing Your Name.	ਮੈਂ ਹਰ ਦਿਨ ਤੇ ਸਦਾ ਲਈ ਹਰੀ ਦੇ ਗੁਣ ਗਾਂਦਾ ਰਹਾਂ, ਕਿਉਂ ਕਿ ਹੇ ਹਰੀ, ਤੇਰਾ ਨਾਮ ਸੁਣ ਕੇ ਮੇਰਾ ਮਨ ਆਤਮਕ ਜੀਵਨ ਪ੍ਰਾਪਤ ਕਰਦਾ ਹੈ।
24806	562	ਨਾਨਕ ਜਿਤੁ ਵੇਲਾ ਵਿਸਰੈ ਮੇਰਾ ਸੁਆਮੀ ਤਿਤੁ ਵੇਲੈ ਮਰਿ ਜਾਇ ਜੀਉ ਮੇਰਾ॥੫॥		Naanak Jith Vaelaa Visarai Maeraa Suaamee Thith Vaelai Mar Jaae Jeeo Maeraa ||5||	O Nanak, that moment when I forget my Lord and Master - at that moment, my soul dies. ||5||	ਹੇ ਨਾਨਕ! ਜਦੋਂ ਮੈਨੂੰ ਮੇਰਾ ਮਾਲਕ-ਪ੍ਰਭੂ ਭੁੱਲ ਜਾਂਦਾ ਹੈ, ਉਸ ਵੇਲੇ ਮੇਰੀ ਜਿੰਦ ਆਤਮਕ ਮੌਤੇ ਮਰ ਜਾਂਦੀ ਹੈ ॥੫॥

24807	562	ਹਰਿ ਵੇਖਣ ਕਉ ਸਭੁ ਕੋਈ ਲੋਚੈ ਸੋ ਵੇਖੈ ਜਿਸੁ ਆਪਿ ਵਿਖਾਲੇ॥		Har Vaekhan Ko Sabh Koee Lochai So Vaekhai Jis Aap Vikhaalae ||	Everyone longs to see the Lord, but he alone sees Him, whom the Lord causes to see Him.	ਪਰਮਾਤਮਾ ਦਾ ਦਰਸਨ ਕਰਨ ਵਾਸਤੇ ਹਰੇਕ ਜੀਵ ਤਾਂਘ ਤਾਂ ਕਰ ਲੈਂਦਾ ਹੈ, ਪਰ ਉਹੀ ਮਨੁੱਖ ਦਰਸਨ ਕਰ ਸਕਦਾ ਹੈ ਜਿਸ ਨੂੰ ਪਰਮਾਤਮਾ ਆਪ ਦਰਸਨ ਕਰਾਂਦਾ ਹੈ।
24808	562	ਜਿਸ ਨੋ ਨਦਰਿ ਕਰੇ ਮੇਰਾ ਪਿਆਰਾ ਸੋ ਹਰਿ ਹਰਿ ਸਦਾ ਸਮਾਲੇ॥		Jis No Nadhar Karae Maeraa Piaaraa So Har Har Sadhaa Samaalae ||	One upon whom my Beloved bestows His Glance of Grace, cherishes the Lord, Har, Har forever.	ਪਿਆਰਾ ਪ੍ਰਭੂ ਜਿਸ ਮਨੁੱਖ ਉੱਤੇ ਮੇਹਰ ਦੀ ਨਜ਼ਰ ਕਰਦਾ ਹੈ ਉਹ ਮਨੁੱਖ ਸਦਾ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ।
24809	562	ਸੋ ਹਰਿ ਹਰਿ ਨਾਮੁ ਸਦਾ ਸਦਾ ਸਮਾਲੇ ਜਿਸੁ ਸਤਗੁਰੁ ਪੂਰਾ ਮੇਰਾ ਮਿਲਿਆ॥		So Har Har Naam Sadhaa Sadhaa Samaalae Jis Sathagur Pooraa Maeraa Miliaa ||	He alone cherishes the Lord, Har, Har, forever and ever, who meets my Perfect True Guru.	ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ ਉਹ ਮਨੁੱਖ ਪਰਮਾਤਮਾ ਦਾ ਨਾਮ ਸਦਾ ਆਪਣੇ ਹਿਰਦੇ ਵਿਚ ਵਸਾਂਦਾ ਹੈ।

24810	562	ਨਾਨਕ ਹਰਿ ਜਨ ਹਰਿ ਇਕੇ ਹੋਏ ਹਰਿ ਜਪਿ ਹਰਿ ਸੇਤੀ ਰਲਿਆ॥੬॥੧॥੩॥		Naanak Har Jan Har Eikae Hoeae Har Jap Har Saethee Raliaa ||6||1||3||	O Nanak, the Lord's humble servant and the Lord become One; meditating on the Lord, he blends with the Lord. ||6||1||3||	ਹੇ ਨਾਨਕ! ਮਨੁੱਖ ਪਰਮਾਤਮਾ ਦਾ ਨਾਮ ਜਪ ਜਪ ਕੇ ਪਰਮਾਤਮਾ ਦੇ ਨਾਲ ਮਿਲ ਜਾਂਦਾ ਹੈ (ਇਸ ਤਰ੍ਹਾਂ) ਪਰਮਾਤਮਾ ਤੇ ਪਰਮਾਤਮਾ ਦੇ ਭਗਤ ਇੱਕ-ਰੂਪ ਹੋ ਜਾਂਦੇ ਹਨ ॥੬॥੧॥੩॥
24811	562	ਵਡਹੰਸੁ ਮਹਲਾ ੫ ਘਰੁ ੧		Vaddehans Mehalaa 5 Ghar 1	Wadahans, Fifth Mehl, First House:	ਰਾਗ ਵਡਹੰਸ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
24812	562	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
24813	562	ਅਤਿ ਊਚਾ ਤਾ ਕਾ ਦਰਬਾਰਾ॥		Ath Oochaa Thaa Kaa Dharabaaraa ||	His Darbaar, His Court, is the most lofty and exalted.	ਪਰਮਾਤਮਾ ਦਾ ਦਰਬਾਰ ਬਹੁਤ ਹੀ ਉੱਚਾ ਹੈ।
24814	562	ਅੰਤੁ ਨਾਹੀ ਕਿਛੁ ਪਾਰਾਵਾਰਾ॥		Anth Naahee Kishh Paaraavaaraa ||	It has no end or limitations.	ਉਸ ਦੇ ਪਾਰਲੇ ਉਰਲੇ ਬੰਨੇ ਦਾ ਕੁਝ ਅੰਤ ਨਹੀਂ ਪੈ ਸਕਦਾ।
24815	562	ਕੋਟਿ ਕੋਟਿ ਕੋਟਿ ਲਖ ਧਾਵੈ॥	ਲੱਖ	Kott Kott Kott Lakh Dhaavai ||	Millions, millions, tens of millions seek,	ਭਾਵੇਂ ਮਨੁੱਖ ਕ੍ਰੋੜਾਂ ਜਾਂ ਲਖਾਂ ਵਾਰੀ ਜਤਨ ਕਰੇ,
24816	562	ਇਕੁ ਤਿਲੁ ਤਾ ਕਾ ਮਹਲੁ ਨ ਪਾਵੈ॥੧॥		Eik Thil Thaa Kaa Mehal N Paavai ||1||	But they cannot find even a tiny bit of His Mansion. ||1||	(ਪਰ ਆਪਣੇ ਜਤਨਾਂ ਨਾਲ) ਪਰਮਾਤਮਾ ਦੀ ਹਜ਼ੂਰੀ ਰਤਾ ਭਰ ਭੀ ਹਾਸਲ ਨਹੀਂ ਕਰ ਸਕਦਾ ॥੧॥

24817	562	ਸੁਹਾਵੀ ਕਉਣੁ ਸੁ ਵੇਲਾ ਜਿਤੁ ਪ੍ਰਭ ਮੇਲਾ॥੧॥ਰਹਾਉ॥	ਵੇਲਾ:ਪੋਲਾ ਬੋਲੋ	Suhaavee Koun S Vaelaa Jith Prabh Maelaa ||1|| Rehaao ||	What is that auspicious moment, when God is met? ||1||Pause||	ਉਹ ਕੈਸਾ ਸੋਹਣਾ ਸਮਾ ਹੁੰਦਾ ਹੈ! ਉਹ ਕੈਸੀ ਸੋਹਣੀ ਘੜੀ ਹੁੰਦੀ ਹੈ, ਜਦੋਂ ਪਰਮਾਤਮਾ ਦਾ ਮਿਲਾਪ ਹੋ ਜਾਂਦਾ ਹੈ ॥੧॥ ਰਹਾਉ ॥
24818	562	ਲਾਖ ਭਗਤ ਜਾ ਕਉ ਆਰਾਧਹਿ॥		Laakh Bhagath Jaa Ko Aaraadhhehi ||	Tens of thousands of devotees worship Him in adoration.	ਲੱਖਾਂ ਹੀ ਭਗਤ ਜਿਸ ਪਰਮਾਤਮਾ ਦਾ ਆਰਾਧਨ ਕਰਦੇ ਰਹਿੰਦੇ ਹਨ।
24819	562	ਲਾਖ ਤਪੀਸਰ ਤਪੁ ਹੀ ਸਾਧਹਿ॥		Laakh Thapeesar Thap Hee Saadhhehi ||	Tens of thousands of ascetics practice austere discipline.	(ਪ੍ਰਭੂ-ਮਿਲਾਪ ਲਈ) ਲੱਖਾਂ ਹੀ ਵੱਡੇ ਵੱਡੇ ਤਪੀ ਤਪ ਕਰਦੇ ਰਹਿੰਦੇ ਹਨ।
24820	562	ਲਾਖ ਜੋਗੀਸਰ ਕਰਤੇ ਜੋਗਾ॥		Laakh Jogeesar Karathae Jogaa ||	Tens of thousands of Yogis practice Yoga.	(ਪ੍ਰਭੂ-ਮਿਲਾਪ ਲਈ) ਲੱਖਾਂ ਹੀ ਵੱਡੇ ਵੱਡੇ ਜੋਗੀ ਜੋਗ-ਸਾਧਨ ਕਰਦੇ ਰਹਿੰਦੇ ਹਨ।
24821	562	ਲਾਖ ਭੋਗੀਸਰ ਭੋਗਹਿ ਭੋਗਾ॥੨॥		Laakh Bhogeesar Bhogehi Bhogaa ||2||	Tens of thousands of pleasure seekers seek pleasure. ||2||	(ਪ੍ਰਭੂ-ਮਿਲਾਪ ਲਈ) ਲੱਖਾਂ ਹੀ ਵੱਡੇ ਵੱਡੇ ਭੋਗੀ (ਜਿਸ ਦੇ ਦਿੱਤੇ) ਪਦਾਰਥ ਭੋਗਦੇ ਰਹਿੰਦੇ ਹਨ ॥੨॥
24822	562	ਘਟਿ ਘਟਿ ਵਸਹਿ ਜਾਣਹਿ ਥੋਰਾ॥	(ਥੋਰਾ) ਥੋੜੇ	Ghatt Ghatt Vasehi Jaanehi Thhoraa ||	He dwells in each and every heart, but only a few know this.	ਪ੍ਰਭੂ ਤਾਂ ਹਰੇਕ ਸਰੀਰ ਵਿਚ ਵੱਸਦਾ ਹੈ, ਪਰ ਬਹੁਤ ਥੋੜੇ ਮਨੁੱਖ (ਇਸ ਭੇਤ ਨੂੰ) ਜਾਣਦੇ ਹਨ।
24823	562	ਹੈ ਕੋਈ ਸਾਜਣੁ ਪਰਦਾ ਤੋਰਾ॥		Hai Koee Saajan Paradhaa Thoraa ||	Is there any friend who can rip apart the screen of separation?	ਕੋਈ ਵਿਰਲਾ ਹੀ ਗੁਰਮੁਖਿ ਹੁੰਦਾ ਹੈ ਜੇਹੜਾ (ਮਨੁੱਖ ਤੇ ਪ੍ਰਭੂ ਵਿੱਚ ਦੀ) ਵਿੱਥ ਨੂੰ ਦੂਰ ਕਰਦਾ ਹੈ।

24824	562	ਕਰਉ ਜਤਨ ਜੇ ਹੋਇ ਮਿਹਰਵਾਨਾ ॥		Karo Jathan Jae Hoe Miharavaanaa ||	I can only make the effort, if the Lord is merciful to me.	ਮੈਂ ਜਤਨ ਕਰਦਾ ਹਾਂ ਕਿ ਉਹ (ਗੁਰਮੁਖ) ਮੇਰੇ ਉਤੇ ਦਇਆਵਾਨ ਹੋਵੇ।
24825	562	ਤਾ ਕਉ ਦੇਈ ਜੀਉ ਕੁਰਬਾਨਾ॥੩॥		Thaa Ko Dhaeee Jeeo Kurabaanaa ||3||	I sacrifice my body and soul to Him. ||3||	ਮੈਂ ਉਸ (ਗੁਰਮੁਖ) ਦੇ ਅੱਗੇ ਆਪਣੀ ਜਿੰਦ ਭੇਟਾ ਕਰਨ ਨੂੰ ਤਿਆਰ ਹਾਂ ॥੩॥
24826	562	ਫਿਰਤ ਫਿਰਤ ਸੰਤਨ ਪਹਿ ਆਇਆ॥		Firath Firath Santhan Pehi Aaeiaa ||	After wandering around for so long, I have finally come to the Saints;	ਭਾਲ ਕਰਦਾ ਕਰਦਾ ਮੈਂ ਗੁਰੂ ਦੇ ਪਾਸ ਪਹੁੰਚਿਆ,
24827	562	ਦੂਖ ਭ੍ਰਮੁ ਹਮਾਰਾ ਸਗਲ ਮਿਟਾਇਆ॥		Dhookh Bhram Hamaaraa Sagal Mittaaeiaa ||	All of my pains and doubts have been eradicated.	(ਗੁਰੂ ਨੇ) ਮੇਰਾ ਸਾਰਾ ਦੁੱਖ ਤੇ ਭਰਮ ਦੂਰ ਕਰ ਦਿੱਤਾ।
24828	562	ਮਹਲਿ ਬੁਲਾਇਆ ਪ੍ਰਭ ਅੰਮ੍ਰਿਤੁ ਭੂੰਚਾ॥	(ਭੂੰਚਾ) ਪੀਤਾ	Mehal Bulaaeiaa Prabh Anmrith Bhoonchaa ||	God summoned me to the Mansion of His Presence, and blessed me with the Ambrosial Nectar of His Name.	ਤਾਂ ਪ੍ਰਭੂ ਨੇ ਮੈਨੂੰ ਆਪਣੀ ਹਜ਼ੂਰੀ ਵਿਚ ਸੱਦ ਲਿਆ ਤੇ ਮੈਂ ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਤਾ।
24829	562	ਕਹੁ ਨਾਨਕ ਪ੍ਰਭੁ ਮੇਰਾ ਊਚਾ॥੪॥੧॥		Kahu Naanak Prabh Maeraa Oochaa ||4||1||	Says Nanak, my God is lofty and exalted. ||4||1||	ਨਾਨਕ ਆਖਦਾ ਹੈ- ਮੇਰਾ ਪ੍ਰਭੂ ਸਭ ਤੋਂ ਉੱਚਾ ਹੈ ॥੪॥੧॥

24830	562	ਵਡਹੰਸੁ ਮਹਲਾ ੫॥		Vaddehans Mehalaa 5 ||	Wadahans, Fifth Mehl:	
24831	562	ਧਨੁ ਸੁ ਵੇਲਾ ਜਿਤੁ ਦਰਸਨੁ ਕਰਣਾ॥	ਵੇਲਾ:ਪੋਲਾ ਬੋਲੋ	Dhhan S Vaelaa Jith Dharasan Karanaa ||	Blessed is that time, when the Blessed Vision of His Darshan is given;	ਉਹ ਸਮਾ ਭਾਗਾਂ ਵਾਲਾ ਹੁੰਦਾ ਹੈ ਜਿਸ ਵੇਲੇ ਪ੍ਰਭੂ ਦਾ ਦਰਸਨ ਕਰੀਦਾ ਹੈ।
24832	562	ਹਉ ਬਲਿਹਾਰੀ ਸਤਿਗੁਰ ਚਰਣਾ॥੧॥		Ho Balihaaree Sathigur Charanaa ||1||	I am a sacrifice to the feet of the True Guru. ||1||	(ਜਿਸ ਗੁਰੂ ਦੀ ਕਿਰਪਾ ਨਾਲ ਪ੍ਰਭੂ ਦਾ ਦਰਸਨ ਹੁੰਦਾ ਹੈ) ਮੈਂ ਉਸ ਗੁਰੂ ਦੇ ਚਰਨਾਂ ਤੋਂ ਸਦਕੇ ਜਾਂਦਾ ਹਾਂ ॥੧॥
24833	562	ਜੀਅ ਕੇ ਦਾਤੇ ਪ੍ਰੀਤਮ ਪ੍ਰਭ ਮੇਰੇ॥		Jeea Kae Dhaathae Preetham Prabh Maerae ||	You are the Giver of souls, O my Beloved God.	ਹੇ ਜਿੰਦ ਦੇਣ ਵਾਲੇ ਪ੍ਰਭੂ! ਹੇ ਮੇਰੇ ਪ੍ਰੀਤਮ ਪ੍ਰਭੂ!
24834	562	ਮਨੁ ਜੀਵੈ ਪ੍ਰਭ ਨਾਮੁ ਚਿਤੇਰੇ॥੧॥ਰਹਾਉ॥		Man Jeevai Prabh Naam Chithaerae ||1|| Rehaao ||	My soul lives by reflecting upon the Name of God. ||1||Pause||	ਤੇਰਾ ਨਾਮ ਚੇਤੇ ਕਰ ਕਰ ਕੇ ਮੇਰਾ ਮਨ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ ॥੧॥ ਰਹਾਉ ॥
24835	562	ਸਚੁ ਮੰਤ੍ਰੁ ਤੁਮਾਰਾ ਅੰਮ੍ਰਿਤ ਬਾਣੀ॥		Sach Manthra Thumaaraa Anmrith Baanee ||	True is Your Mantra, Ambrosial is the Bani of Your Word.	(ਹੇ ਪ੍ਰਭੂ!) ਤੇਰਾ ਨਾਮ-ਮੰਤ੍ਰ ਸਦਾ ਕਾਇਮ ਰਹਿਣ ਵਾਲਾ ਹੈ, ਤੇਰੀ ਸਿਫ਼ਤ-ਸਾਲਾਹ ਦੀ ਬਾਣੀ ਆਤਮਕ ਜੀਵਨ ਦੇਣ ਵਾਲੀ ਹੈ।

24836	562	ਸੀਤਲ ਪੁਰਖ ਦ੍ਰਿਸਟਿ ਸੁਜਾਣੀ॥੨॥		Seethal Purakh Dhrisatt Sujaanee ||2||	Cooling and soothing is Your Presence, all-knowing is Your gaze. ||2||	ਹੇ ਸ਼ਾਂਤੀ ਦੇ ਪੁੰਜ ਅਕਾਲ ਪੁਰਖ! ਤੇਰੀ ਨਿਗਾਹ ਚੰਗੀ ਪਰਖ ਵਾਲੀ ਹੈ ॥੨॥
24837	562	ਸਚੁ ਹੁਕਮੁ ਤੁਮਾਰਾ ਤਖਤਿ ਨਿਵਾਸੀ॥		Sach Hukam Thumaaraa Thakhath Nivaasee ||	True is Your Command; You sit upon the eternal throne.	(ਹੇ ਪ੍ਰਭੂ!) ਤੇਰਾ ਹੁਕਮ ਸਦਾ-ਥਿਰ ਰਹਿਣ ਵਾਲਾ ਹੈ, ਤੂੰ (ਸਦਾ) ਤਖ਼ਤ ਉਤੇ ਨਿਵਾਸ ਰੱਖਣ ਵਾਲਾ ਹੈਂ (ਭਾਵ, ਤੂੰ ਸਦਾ ਲਈ ਸਭ ਦਾ ਹਾਕਮ ਹੈਂ)।
24838	562	ਆਇ ਨ ਜਾਵੈ ਮੇਰਾ ਪ੍ਰਭੁ ਅਬਿਨਾਸੀ॥੩॥		Aae N Jaavai Maeraa Prabh Abinaasee ||3||	My eternal God does not come or go. ||3||	ਮੇਰਾ ਪ੍ਰਭੂ ਕਦੇ ਨਾਸ ਹੋਣ ਵਾਲਾ ਨਹੀਂ, ਉਹ ਕਦੇ ਜੰਮਦਾ ਜਾਂ ਮਰਦਾ ਨਹੀਂ ॥੩॥
24839	562	ਤੁਮ ਮਿਹਰਵਾਨ ਦਾਸ ਹਮ ਦੀਨਾ॥		Thum Miharavaan Dhaas Ham Dheenaa ||	You are the Merciful Master; I am Your humble servant.	ਅਸੀਂ ਜੀਵ ਤੇਰੇ ਨਿਮਾਣੇ ਸੇਵਕ ਹਾਂ, ਤੂੰ ਸਾਡੇ ਉਤੇ ਦਇਆ ਕਰਨ ਵਾਲਾ ਹੈਂ।
24840	562	ਨਾਨਕ ਸਾਹਿਬੁ ਭਰਪੁਰਿ ਲੀਣਾ॥੪॥੨॥	(ਭਰਪੁਰਿ) ਭਰਪੂਰ। (ਲੀਣਾ) ਵਿਆਪਕ	Naanak Saahib Bharapur Leenaa ||4||2||	O Nanak, the Lord and Master is totally permeating and pervading everywhere. ||4||2||	ਹੇ ਨਾਨਕ! ਸਾਡਾ ਮਾਲਕ-ਪ੍ਰਭੂ ਹਰ ਥਾਂ ਮੌਜੂਦ ਹੈ, ਸਭ ਵਿਚ ਵਿਆਪਕ ਹੈ ॥੪॥੨॥
24841	562	ਵਡਹੰਸੁ ਮਹਲਾ ੫॥		Vaddehans Mehalaa 5 ||	Wadahans, Fifth Mehl:	

24842	562	ਤੂ ਬੇਅੰਤੁ ਕੋ ਵਿਰਲਾ ਜਾਣੈ॥		Thoo Baeanth Ko Viralaa Jaanai ||	You are infinite - only a few know this.	ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਕੋਈ ਵਿਰਲਾ ਮਨੁੱਖ ਤੇਰੇ ਨਾਲ ਡੂੰਘੀ ਸਾਂਝ ਪਾਂਦਾ ਹੈ।
24843	562	ਗੁਰ ਪ੍ਰਸਾਦਿ ਕੋ ਸਬਦਿ ਪਛਾਣੈ॥੧॥		Gur Prasaadh Ko Sabadh Pashhaanai ||1||	By Guru's Grace, some come to understand You through the Word of the Shabad. ||1||	ਗੁਰੂ ਦੀ ਕਿਰਪਾ ਨਾਲ ਗੁਰੂ ਦੇ ਸ਼ਬਦ ਵਿਚ ਜੁੜ ਕੇ ਕੋਈ ਵਿਰਲਾ ਤੇਰੇ ਨਾਲ ਜਾਣ-ਪਛਾਣ ਪਾਂਦਾ ਹੈ ॥੧॥
24844	562	ਸੇਵਕ ਕੀ ਅਰਦਾਸਿ ਪਿਆਰੇ॥		Saevak Kee Aradhaas Piaarae ||	Your servant offers this prayer, O Beloved:	ਹੇ ਪਿਆਰੇ ਪ੍ਰਭੂ! ਮੈਂ ਸੇਵਕ ਦੀ (ਤੇਰੇ ਦਰ ਤੇ) ਅਰਦਾਸ ਹੈ,
24845	563	ਜਪਿ ਜੀਵਾ ਪ੍ਰਭ ਚਰਣ ਤੁਮਾਰੇ॥੧॥ਰਹਾਉ॥		Jap Jeevaa Prabh Charan Thumaarae ||1|| Rehaao ||	I live by meditating on Your Feet, God. ||1||Pause||	ਕਿ ਮੈਂ ਤੇਰੇ ਚਰਨ ਹਿਰਦੇ ਵਿਚ ਵਸ ਕੇ ਆਤਮਕ ਜੀਵਨ ਪ੍ਰਾਪਤ ਕਰਾਂ ॥੧॥ ਰਹਾਉ ॥
24846	563	ਦਇਆਲ ਪੁਰਖ ਮੇਰੇ ਪ੍ਰਭ ਦਾਤੇ॥	ਦ-ਇਆਲ	Dhaeiaal Purakh Maerae Prabh Dhaathae ||	O my Merciful and Almighty God, O Great Giver,	ਹੇ ਮੇਰੇ ਦਾਤੇ ਪ੍ਰਭੂ! ਹੇ ਦਇਆ ਦੇ ਘਰ ਅਕਾਲ ਪੁਰਖ!
24847	563	ਜਿਸਹਿ ਜਨਾਵਹੁ ਤਿਨਹਿ ਤੁਮ ਜਾਤੇ॥੨॥		Jisehi Janaavahu Thinehi Thum Jaathae ||2||	He alone knows You, whom You so bless. ||2||	ਜਿਸ ਮਨੁੱਖ ਨੂੰ ਤੂੰ ਆਪ ਸੂਝ ਬਖ਼ਸ਼ਦਾ ਹੈਂ, ਉਸੇ ਨੇ ਹੀ ਤੇਰੇ ਨਾਲ ਸਾਂਝ ਪਾਈ ਹੈ ॥੨॥

24848	563	ਸਦਾ ਸਦਾ ਜਾਈ ਬਲਿਹਾਰੀ॥		Sadhaa Sadhaa Jaaee Balihaaree ||	Forever and ever, I am a sacrifice to You.	(ਹੇ ਪ੍ਰਭੂ!) ਮੈਂ ਸਦਾ ਹੀ ਸਦਾ ਹੀ ਤੈਥੋਂ ਸਦਕੇ ਜਾਂਦਾ ਹਾਂ।
24849	563	ਇਤ ਉਤ ਦੇਖਉ ਓਟ ਤੁਮਾਰੀ॥੩॥		Eith Outh Dhaekho Outt Thumaaree ||3||	Here and hereafter, I seek Your Protection. ||3||	ਇਸ ਲੋਕ ਵਿਚ ਤੇ ਪਰਲੋਕ ਵਿਚ ਮੈਂ ਤੇਰਾ ਹੀ ਆਸਰਾ ਤੱਕਦਾ ਹਾਂ ॥੩॥
24850	563	ਮੋਹਿ ਨਿਰਗੁਣ ਗੁਣੁ ਕਿਛੂ ਨ ਜਾਤਾ॥		Mohi Niragun Gun Kishhoo N Jaathaa ||	I am without virtue; I know none of Your Glorious Virtues.	(ਹੇ ਪ੍ਰਭੂ!) ਮੈਂ ਗੁਣ-ਹੀਣ ਹਾਂ, ਮੈਂ ਤੇਰੇ ਗੁਣ (ਉਪਕਾਰ) ਕੁਝ ਭੀ ਨਹੀਂ ਸੀ ਸਮਝ ਸਕਿਆ।
24851	563	ਨਾਨਕ ਸਾਧੂ ਦੇਖਿ ਮਨੁ ਰਾਤਾ॥੪॥੩॥	(ਸਾਧੂ) ਪਰਮਪੂਜਨੀਕਮਹੱਲਾ ੪ ਜੀ। ਰੱਾਤਾ	Naanak Saadhhoo Dhaekh Man Raathaa ||4||3||	O Nanak, seeing the Holy Saint, my mind is imbued with You. ||4||3||	ਹੇ ਨਾਨਕ! ਗੁਰੂ ਦਾ ਦਰਸਨ ਕਰ ਕੇ ਮੇਰਾ ਮਨ (ਤੇਰੇ ਪ੍ਰੇਮ ਵਿਚ) ਰੰਗਿਆ ਗਿਆ ਹੈ ॥੪॥੩॥
24852	563	ਵਡਹੰਸੁ ਮਃ ੫॥		Vaddehans Ma 5 ||	Wadahans, Fifth Mehl:	
24853	563	ਅੰਤਰਜਾਮੀ ਸੋ ਪ੍ਰਭੁ ਪੂਰਾ॥		Antharajaamee So Prabh Pooraa ||	God is perfect - He is the Inner-knower, the Searcher of hearts.	ਉਹ ਪ੍ਰਭੂ ਸਭ ਦੇ ਦਿਲ ਦੀ ਜਾਣਨ ਵਾਲਾ ਹੈ, ਸਾਰੇ ਗੁਣਾਂ ਨਾਲ ਭਰਪੂਰ ਹੈ।
24854	563	ਦਾਨੁ ਦੇਇ ਸਾਧੂ ਕੀ ਧੂਰਾ॥੧॥		Dhaan Dhaee Saadhhoo Kee Dhhooraa ||1||	He blesses us with the gift of the dust of the feet of the Saints. ||1||	(ਜਦੋਂ ਪ੍ਰਭੂ ਮੇਹਰ ਕਰਦਾ ਹੈ ਤਾਂ) ਗੁਰੂ ਦੇ ਚਰਨਾਂ ਦੀ ਧੂੜ ਬਖ਼ਸ਼ੀਸ਼ (ਵਜੋਂ) ਦੇਂਦਾ ਹੈ ॥੧॥
24855	563	ਕਰਿ ਕਿਰਪਾ ਪ੍ਰਭ ਦੀਨ ਦਇਆਲਾ॥		Kar Kirapaa Prabh Dheen Dhaeiaalaa ||	Bless me with Your Grace, God, O Merciful to the meek.	ਹੇ ਦੀਨਾਂ ਉੱਤੇ ਦਇਆ ਕਰਨ ਵਾਲੇ ਪ੍ਰਭੂ! (ਮੇਰੇ ਉੱਤੇ) ਕਿਰਪਾ ਕਰ।

24856	563	ਤੇਰੀ ਓਟ ਪੂਰਨ ਗੋਪਾਲਾ॥੧॥ਰਹਾਉ ॥		Thaeree Outt Pooran Gopaalaa ||1|| Rehaao ||	I seek Your Protection, O Perfect Lord, Sustainer of the World. ||1||Pause||	ਹੇ ਸਰਬ-ਵਿਆਪਕ! ਹੇ ਸ੍ਰਿਸ਼ਟੀ-ਪਾਲਕ! ਮੈਨੂੰ ਤੇਰਾ ਹੀ ਆਸਰਾ ਹੈ ॥੧॥ ਰਹਾਉ ॥
24857	563	ਜਲਿ ਥਲਿ ਮਹੀਅਲਿ ਰਹਿਆ ਭਰਪੂਰੇ॥		Jal Thhal Meheeal Rehiaa Bharapoorae ||	He is totally pervading and permeating the water, the land and the sky.	ਪ੍ਰਭੂ ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ, ਹਰ ਥਾਂ ਜ਼ੱਰੇ ਜ਼ੱਰੇ ਵਿਚ ਮੌਜੂਦ ਹੈ,
24858	563	ਨਿਕਟਿ ਵਸੈ ਨਾਹੀ ਪ੍ਰਭੁ ਦੂਰੇ॥੨॥		Nikatt Vasai Naahee Prabh Dhoorae ||2||	God is near at hand, not far away. ||2||	ਉਹ (ਹਰੇਕ ਜੀਵ ਦੇ) ਨੇੜੇ ਵੱਸਦਾ ਹੈ, ਕਿਸੇ ਤੋਂ ਦੂਰ ਨਹੀਂ ਹੈ ॥੨॥
24859	563	ਜਿਸ ਨੋ ਨਦਰਿ ਕਰੇ ਸੋ ਧਿਆਏ॥		Jis No Nadhar Karae So Dhhiaaeae ||	One whom He blesses with His Grace, meditates on Him.	ਜਿਸ ਮਨੁੱਖ ਉਤੇ ਪ੍ਰਭੂ ਮੇਹਰ ਦੀ ਨਿਗਾਹ ਕਰਦਾ ਹੈ ਉਹ ਮਨੁੱਖ ਉਸ ਦਾ ਸਿਮਰਨ ਕਰਦਾ ਰਹਿੰਦਾ ਹੈ,
24860	563	ਆਠ ਪਹਰ ਹਰਿ ਕੇ ਗੁਣ ਗਾਏ॥੩॥		Aath Pehar Har Kae Gun Gaaeae ||3||	Twenty-four hours a day, he sings the Glorious Praises of the Lord. ||3||	ਤੇ ਉਹ ਮਨੁੱਖ ਅੱਠੇ ਪਹਿਰ (ਹਰ ਵੇਲੇ) ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੩॥
24861	563	ਜੀਅ ਜੰਤ ਸਗਲੇ ਪ੍ਰਤਿਪਾਰੇ॥		Jeea Janth Sagalae Prathipaarae ||	He cherishes and sustains all beings and creatures.	ਪਰਮਾਤਮਾ ਸਾਰੇ ਹੀ ਜੀਵਾਂ ਦੀ ਪਾਲਣਾ ਕਰਦਾ ਹੈ।
24862	563	ਸਰਨਿ ਪਰਿਓ ਨਾਨਕ ਹਰਿ ਦੁਆਰੇ॥੪॥੪॥		Saran Pariou Naanak Har Dhuaarae ||4||4||	Nanak seeks the Sanctuary of the Lord's Door. ||4||4||	ਨਾਨਕ ਪ੍ਰਭੂ ਦੇ ਦਰ ਤੇ ਆ ਕੇ ਤੇਰੀ (ਪ੍ਰਭੂ ਦੀ) ਸਰਨ ਪਿਆ ਹੈ ॥੪॥੪॥

24863	563	ਵਡਹੰਸੁ ਮਹਲਾ ੫॥		Vaddehans Mehalaa 5 ||	Wadahans, Fifth Mehl:	
24864	563	ਤੂ ਵਡ ਦਾਤਾ ਅੰਤਰਜਾਮੀ॥		Thoo Vadd Dhaathaa Antharajaamee ||	You are the Great Giver, the Inner-knower, the Searcher of hearts.	(ਹੇ ਪ੍ਰਭੂ!) ਤੂੰ ਸਭ ਤੋਂ ਵੱਡਾ ਦਾਤਾ ਹੈਂ, ਤੂੰ (ਜੀਵਾਂ ਦੇ) ਦਿਲ ਦੀ ਜਾਣਨ ਵਾਲਾ ਹੈਂ,
24865	563	ਸਭ ਮਹਿ ਰਵਿਆ ਪੂਰਨ ਪ੍ਰਭ ਸੁਆਮੀ॥੧॥		Sabh Mehi Raviaa Pooran Prabh Suaamee ||1||	God, the Perfect Lord and Master, is permeating and pervading in all. ||1||	ਹੇ ਮੇਰੇ ਸੁਆਮੀ! ਹੇ ਸਰਬ-ਵਿਆਪਕ! ਤੂੰ ਸਭ ਦੇ ਅੰਦਰ ਮੌਜੂਦ ਹੈਂ ॥੧॥
24866	563	ਮੇਰੇ ਪ੍ਰਭ ਪ੍ਰੀਤਮ ਨਾਮੁ ਅਧਾਰਾ॥		Maerae Prabh Preetham Naam Adhhaaraa ||	The Name of my Beloved God is my only support.	ਹੇ ਮੇਰੇ ਪ੍ਰੀਤਮ ਪ੍ਰਭੂ! ਤੇਰਾ ਨਾਮ (ਮੇਰੀ ਜ਼ਿੰਦਗੀ ਦਾ) ਆਸਰਾ ਹੈ।
24867	563	ਹਉ ਸੁਣਿ ਸੁਣਿ ਜੀਵਾ ਨਾਮੁ ਤੁਮਾਰਾ॥੧॥ਰਹਾਉ॥		Ho Sun Sun Jeevaa Naam Thumaaraa ||1|| Rehaao ||	I live by hearing, continually hearing Your Name. ||1||Pause||	ਤੇਰਾ ਨਾਮ ਸੁਣ ਸੁਣ ਕੇ ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ ॥੧॥ ਰਹਾਉ ॥
24868	563	ਤੇਰੀ ਸਰਣਿ ਸਤਿਗੁਰ ਮੇਰੇ ਪੂਰੇ॥		Thaeree Saran Sathigur Maerae Poorae ||	I seek Your Sanctuary, O my Perfect True Guru.	ਹੇ ਮੇਰੇ ਪੂਰੇ ਸਤਿਗੁਰੂ! ਮੈਂ ਤੇਰੀ ਸਰਨ ਆਇਆ ਹਾਂ,
24869	563	ਮਨੁ ਨਿਰਮਲੁ ਹੋਇ ਸੰਤਾ ਧੂਰੇ॥੨॥		Man Niramal Hoe Santhaa Dhhoorae ||2||	My mind is purified by the dust of the Saints. ||2||	ਕਿਉਂ ਕਿ ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਨਾਲ ਮਨ ਪਵਿਤ੍ਰ ਹੋ ਜਾਂਦਾ ਹੈ ॥੨॥

24870	563	ਚਰਨਕਮਲ ਹਿਰਦੈ ਉਰਿ ਧਾਰੇ॥		Charan Kamal Hiradhai Our Dhhaarae ||	I have enshrined His Lotus Feet within my heart.	(ਹੇ ਪ੍ਰਭੂ!) ਤੇਰੇ ਸੋਹਣੇ ਕੋਮਲ ਚਰਨ ਮੈਂ ਆਪਣੇ ਹਿਰਦੇ ਵਿਚ ਟਿਕਾਏ ਹੋਏ ਹਨ,
24871	563	ਤੇਰੇ ਦਰਸਨ ਕਉ ਜਾਈ ਬਲਿਹਾਰੇ॥੩॥		Thaerae Dharasan Ko Jaaee Balihaarae ||3||	I am a sacrifice to the Blessed Vision of Your Darshan. ||3||	ਤੇ ਮੈਂ ਤੇਰੇ ਦਰਸ਼ਨ ਤੋਂ ਕੁਰਬਾਨ ਜਾਂਦਾ ਹਾਂ ॥੩॥
24872	563	ਕਰਿ ਕਿਰਪਾ ਤੇਰੇ ਗੁਣ ਗਾਵਾ॥		Kar Kirapaa Thaerae Gun Gaavaa ||	Show mercy unto me, that I may sing Your Glorious Praises.	(ਹੇ ਪ੍ਰਭੂ!) ਮੇਹਰ ਕਰ, ਮੈਂ ਤੇਰੇ ਗੁਣ ਗਾਂਦਾ ਰਹਾਂ,
24873	563	ਨਾਨਕ ਨਾਮੁ ਜਪਤ ਸੁਖੁ ਪਾਵਾ॥੪॥੫॥		Naanak Naam Japath Sukh Paavaa ||4||5||	O Nanak, chanting the Naam, the Name of the Lord, I obtain peace. ||4||5||	ਤੇ ਤੇਰਾ ਨਾਮ ਜਪਦਿਆਂ ਆਤਮਕ ਆਨੰਦ ਮਾਣਦਾ ਰਹਾਂ, ਹੇ ਨਾਨਕ! ॥੪॥੫॥
24874	563	ਵਡਹੰਸੁ ਮਹਲਾ ੫॥		Vaddehans Mehalaa 5 ||	Wadahans, Fifth Mehl:	
24875	563	ਸਾਧਸੰਗਿ ਹਰਿ ਅੰਮ੍ਰਿਤੁ ਪੀਜੈ॥		Saadhhasang Har Anmrith Peejai ||	In the Saadh Sangat, the Company of the Holy, drink in the Ambrosial Nectar of the Lord.	ਗੁਰੂ ਦੀ ਸੰਗਤ ਵਿਚ ਹੀ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਲ ਪੀਣਾ ਚਾਹੀਦਾ ਹੈ,
24876	563	ਨਾ ਜੀਉ ਮਰੈ ਨ ਕਬਹੂ ਛੀਜੈ॥੧॥	(ਛੀਜੈ) ਕਮਜ਼ੋਰ	Naa Jeeo Marai N Kabehoo Shheejai ||1||	The soul does not die, nor does it ever waste away. ||1||	ਜਿਸ ਨਾਲ ਜਿੰਦ ਨਾਂ ਆਤਮਕ ਮੌਤੇ ਮਰਦੀ ਹੈ ਤੇ ਨਾਂ ਕਦੇ ਆਤਮਕ ਜੀਵਨ ਵਿੱਚ ਕਮਜ਼ੋਰੀ ਹੁੰਦੀ ਹੈ ॥੧॥

24877	563	ਵਡਭਾਗੀ ਗੁਰੁ ਪੂਰਾ ਪਾਈਐ॥		Vaddabhaagee Gur Pooraa Paaeeai ||	By great good fortune, one meets the Perfect Guru.	ਪੂਰਾ ਗੁਰੂ ਵੱਡੀ ਕਿਸਮਤ ਨਾਲ ਮਿਲਦਾ ਹੈ,
24878	563	ਗੁਰ ਕਿਰਪਾ ਤੇ ਪ੍ਰਭੂ ਧਿਆਈਐ॥੧॥ਰਹਾਉ॥		Gur Kirapaa Thae Prabhoo Dhhiaaeeai ||1|| Rehaao ||	By Guru's Grace, one meditates on God. ||1||Pause||	ਤੇ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਸਿਮਰਨ ਕੀਤਾ ਜਾ ਸਕਦਾ ਹੈ ॥੧॥ ਰਹਾਉ ॥
24879	563	ਰਤਨ ਜਵਾਹਰ ਹਰਿ ਮਾਣਕ ਲਾਲਾ॥		Rathan Javaahar Har Maanak Laalaa ||	The Lord is the jewel, the pearl, the gem, the diamond.	ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਬਚਨ (ਮਾਨੋ) ਰਤਨ ਹਨ, ਜਵਾਹਰ ਹਨ, ਮੋਤੀ ਹਨ, ਲਾਲ ਹਨ।
24880	563	ਸਿਮਰਿ ਸਿਮਰਿ ਪ੍ਰਭ ਭਏ ਨਿਹਾਲਾ॥੨॥		Simar Simar Prabh Bheae Nihaalaa ||2||	Meditating, meditating in remembrance on God, I am in ecstasy. ||2||	ਪ੍ਰਭੂ ਜੀ ਦਾ ਨਾਮ ਸਿਮਰ ਸਿਮਰ ਕੇ ਸਦਾ ਖਿੜੇ ਰਹੀਦਾ ਹੈ ॥੨॥
24881	563	ਜਤ ਕਤ ਪੇਖਉ ਸਾਧੂ ਸਰਣਾ॥		Jath Kath Paekho Saadhhoo Saranaa ||	Wherever I look, I see the Sanctuary of the Holy.	ਮੈਂ ਜਿਧਰ ਕਿਧਰ ਵੇਖਦਾ ਹਾਂ, ਕੇਵਲ ਗੁਰੂ ਦੀ ਸਰਨ ਦੀ ਰਾਹੀਂ ਹੀ,
24882	563	ਹਰਿ ਗੁਣ ਗਾਇ ਨਿਰਮਲ ਮਨੁ ਕਰਣਾ॥੩॥		Har Gun Gaae Niramal Man Karanaa ||3||	Singing the Glorious Praises of the Lord, my soul becomes immaculately pure. ||3||	ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾ ਗਾ ਕੇ ਮਨ ਨੂੰ ਪਵਿਤ੍ਰ ਕੀਤਾ ਜਾ ਸਕਦਾ ਹੈ ॥੩॥

24883	563	ਘਟ ਘਟ ਅੰਤਰਿ ਮੇਰਾ ਸੁਆਮੀ ਵੂਠਾ॥	ਵੂੱਠਾ	Ghatt Ghatt Anthar Maeraa Suaamee Voothaa ||	Within each and every heart, dwells my Lord and Master.	ਮੇਰਾ ਮਾਲਕ-ਪ੍ਰਭੂ ਹਰੇਕ ਸਰੀਰ ਵਿਚ ਵੱਸਦਾ ਹੈ।
24884	563	ਨਾਨਕ ਨਾਮੁ ਪਾਇਆ ਪ੍ਰਭੁ ਤੂਠਾ॥੪॥੬॥	ਤੂਠਾ	Naanak Naam Paaeiaa Prabh Thoothaa ||4||6||	O Nanak, one obtains the Naam, the Name of the Lord, when God bestows His Mercy. ||4||6||	ਜਦ ਪ੍ਰਭੂ ਪ੍ਰਸੰਨ ਹੁੰਦਾ ਹੈ ਤਾਂ ਉਸ ਦਾ ਨਾਮ (-ਸਿਮਰਨ) ਪ੍ਰਾਪਤ ਹੁੰਦਾ ਹੈ, ਹੇ ਨਾਨਕ! ॥੪॥੬॥
24885	563	ਵਡਹੰਸੁ ਮਹਲਾ ੫॥		Vaddehans Mehalaa 5 ||	Wadahans, Fifth Mehl:	
24886	563	ਵਿਸਰੁ ਨਾਹੀ ਪ੍ਰਭ ਦੀਨ ਦਇਆਲਾ॥		Visar Naahee Prabh Dheen Dhaeiaalaa ||	Do not forget me, O God, Merciful to the meek.	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! ਮੇਰੇ ਤੋਂ ਕਦੇ ਨਾ ਭੁਲ!
24887	563	ਤੇਰੀ ਸਰਣਿ ਪੂਰਨ ਕਿਰਪਾਲਾ॥੧॥ਰਹਾਉ॥		Thaeree Saran Pooran Kirapaalaa ||1|| Rehaao ||	I seek Your Sanctuary, O Perfect, Compassionate Lord. ||1||Pause||	ਮੈਂ ਤੇਰੀ ਸਰਨ ਆਇਆ ਹਾਂ, ਹੇ ਸਰਬ-ਵਿਆਪਕ! ਹੇ ਕਿਰਪਾ ਦੇ ਘਰ! ॥੧॥ ਰਹਾਉ ॥
24888	563	ਜਹ ਚਿਤਿ ਆਵਹਿ ਸੋ ਥਾਨੁ ਸੁਹਾਵਾ॥		Jeh Chith Aavehi So Thhaan Suhaavaa ||	Wherever You come to mind, that place is blessed.	ਜਿਸ ਹਿਰਦੇ ਵਿਚ ਤੂੰ ਆ ਵੱਸਦਾ ਹੈਂ ਉਹ ਹਿਰਦਾ-ਥਾਂ ਸੋਹਣਾ ਬਣ ਜਾਂਦਾ ਹੈ।

24889	563	ਜਿਤੁ ਵੇਲਾ ਵਿਸਰਹਿ ਤਾ ਲਾਗੈ ਹਾਵਾ॥੧॥	(ਹਾਵਾ) ਹਉਕਾ	Jith Vaelaa Visarehi Thaa Laagai Haavaa ||1||	The moment I forget You, I am stricken with regret. ||1||	ਜਿਸ ਵੇਲੇ ਤੂੰ (ਮੈਨੂੰ) ਭੁੱਲ ਜਾਂਦਾ ਹੈ ਤਦੋਂ (ਮੈਨੂੰ) ਹਉਕਾ ਲੱਗਦਾ ਹੈ ॥੧॥
24890	563	ਤੇਰੇ ਜੀਅ ਤੂ ਸਦ ਹੀ ਸਾਥੀ॥		Thaerae Jeea Thoo Sadh Hee Saathhee ||	All beings are Yours; You are their constant companion.	(ਹੇ ਪ੍ਰਭੂ!) ਜੀਵ ਤੇਰੇ (ਪੈਦਾ ਕੀਤੇ ਹੋਏ) ਹਨ, ਤੂੰ ਸਦਾ ਹੀ ਇਨ੍ਹਾਂ ਦਾ ਮਦਦਗਾਰ ਹੈਂ।
24891	563	ਸੰਸਾਰ ਸਾਗਰ ਤੇ ਕਢੁ ਦੇ ਹਾਥੀ॥੨॥		Sansaar Saagar Thae Kadt Dhae Haathhee ||2||	Please, give me Your hand, and pull me up out of this world-ocean. ||2||	(ਹੇ ਪ੍ਰਭੂ! ਆਪਣਾ) ਹੱਥ ਦੇ ਕੇ (ਜੀਵਾਂ ਨੂੰ) ਸੰਸਾਰ-ਸਮੁੰਦਰ ਵਿਚੋਂ ਕੱਢ ਲੈ ॥੨॥
24892	563	ਆਵਣੁ ਜਾਣਾ ਤੁਮ ਹੀ ਕੀਆ॥		Aavan Jaanaa Thum Hee Keeaa ||	Coming and going are by Your Will.	(ਹੇ ਪ੍ਰਭੂ!) ਜਨਮ ਮਰਨ ਦਾ ਗੇੜ ਤੂੰ ਹੀ ਬਣਾਇਆ ਹੋਇਆ ਹੈ,
24893	563	ਜਿਸੁ ਤੂ ਰਾਖਹਿ ਤਿਸੁ ਦੂਖੁ ਨ ਥੀਆ॥੩॥		Jis Thoo Raakhehi This Dhookh N Thheeaa ||3||	One whom You save is not afflicted by suffering. ||3||	ਜਿਸ ਜੀਵ ਨੂੰ ਤੂੰ (ਇਸ ਗੇੜ ਵਿਚੋਂ) ਬਚਾ ਲੈਂਦਾ ਹੈਂ, ਉਸ ਨੂੰ ਕੋਈ ਦੁਖ ਪੋਹ ਨਹੀਂ ਸਕਦਾ ॥੩॥
24894	563	ਤੂ ਏਕੋ ਸਾਹਿਬੁ ਅਵਰੁ ਨ ਹੋਰਿ॥		Thoo Eaeko Saahib Avar N Hor ||	You are the One and only Lord and Master; there is no other.	(ਹੇ ਪ੍ਰਭੂ!) ਤੂੰ ਹੀ ਇਕ ਮਾਲਕ ਹੈਂ ਐਸਾ ਕੋਈ ਹੋਰ ਨਹੀਂ।
24895	563	ਬਿਨਉ ਕਰੈ ਨਾਨਕੁ ਕਰ ਜੋਰਿ॥੪॥੭॥		Bino Karai Naanak Kar Jor ||4||7||	Nanak offers this prayer with his palms pressed together. ||4||7||	ਨਾਨਕ (ਤੇਰੇ ਅੱਗੇ) ਹੱਥ ਜੋੜ ਕੇ ਬੇਨਤੀ ਕਰਦਾ ਹੈ ॥੪॥੭॥
24896	563	ਵਡਹੰਸੁ ਮਃ ੫॥		Vaddehans Ma 5 ||	Wadahans, Fifth Mehl:	

24897	563	ਤੂ ਜਾਣਾਇਹਿ ਤਾ ਕੋਈ ਜਾਣੈ॥	ਜਾਣਾਇ-ਹਿ	Thoo Jaanaaeihi Thaa Koee Jaanai ||	When You allow Yourself to be known, then we know You.	(ਹੇ ਪ੍ਰਭੂ!) ਜਦੋਂ ਕਿਸੇ ਮਨੁੱਖ ਨੂੰ ਤੂੰ ਸੂਝ ਬਖ਼ਸ਼ਦਾ ਹੈਂ, ਤਦੋਂ ਹੀ ਕੋਈ ਤੇਰੇ ਨਾਲ ਡੂੰਘੀ ਸਾਂਝ ਪਾਂਦਾ ਹੈ,
24898	563	ਤੇਰਾ ਦੀਆ ਨਾਮੁ ਵਖਾਣੈ॥੧॥		Thaeraa Dheeaa Naam Vakhaanai ||1||	We chant Your Name, which You have given to us. ||1||	ਤੇ ਤੇਰਾ ਬਖ਼ਸ਼ਿਆ ਹੋਇਆ ਤੇਰਾ ਨਾਮ ਉਚਾਰਦਾ ਹੈ ॥੧॥
24899	563	ਤੂ ਅਚਰਜੁ ਕੁਦਰਤਿ ਤੇਰੀ ਬਿਸਮਾ॥੧॥ਰਹਾਉ॥	ਅ-ਚਰਜੁ	Thoo Acharaj Kudharath Thaeree Bisamaa ||1|| Rehaao ||	You are wonderful! Your creative potency is amazing! ||1||Pause||	(ਹੇ ਪ੍ਰਭੂ!) ਤੂੰ ਹੈਰਾਨ ਕਰ ਦੇਣ ਵਾਲੀ ਹਸਤੀ ਵਾਲਾ ਹੈਂ ਤੇ ਤੇਰੀ ਰਚੀ ਰਚਨਾ ਭੀ ਹੈਰਾਨਗੀ ਪੈਦਾ ਕਰਨ ਵਾਲੀ ਹੈ ॥੧॥ ਰਹਾਉ ॥
24900	564	ਤੁਧੁ ਆਪੇ ਕਾਰਣੁ ਆਪੇ ਕਰਣਾ॥		Thudhh Aapae Kaaran Aapae Karanaa ||	You Yourself are the Cause of causes, You Yourself are the Creator.	(ਹੇ ਪ੍ਰਭੂ!) ਤੂੰ ਆਪ ਹੀ (ਜਗਤ-ਰਚਨਾ ਦਾ) ਵਸੀਲਾ ਹੈਂ, ਤੂੰ ਆਪ ਹੀ ਜਗਤ ਹੈਂ (ਭਾਵ, ਇਹ ਸਾਰਾ ਜਗਤ ਤੇਰਾ ਹੀ ਸਰੂਪ ਹੈ)।
24901	564	ਹੁਕਮੇ ਜੰਮਣੁ ਹੁਕਮੇ ਮਰਣਾ॥੨॥		Hukamae Janman Hukamae Maranaa ||2||	By Your Will, we are born, and by Your Will, we die. ||2||	ਤੇਰੇ ਹੁਕਮ ਵਿਚ ਹੀ (ਜੀਵਾਂ ਦਾ) ਜਨਮ ਹੁੰਦਾ ਹੈ, ਤੇਰੇ ਹੁਕਮ ਵਿਚ ਹੀ ਮੌਤ ਆਉਂਦੀ ਹੈ ॥੨॥
24902	564	ਨਾਮੁ ਤੇਰਾ ਮਨ ਤਨ ਆਧਾਰੀ॥		Naam Thaeraa Man Than Aadhhaaree ||	Your Name is the Support of our mind and body.	(ਹੇ ਪ੍ਰਭੂ!) ਤੇਰਾ ਨਾਮ ਮੇਰੇ ਮਨ ਦਾ ਮੇਰੇ ਸਰੀਰ ਦਾ ਆਸਰਾ ਹੈ।

24903	564	ਨਾਨਕ ਦਾਸੁ ਬਖਸੀਸ ਤੁਮਾਰੀ॥੩॥੮॥		Naanak Dhaas Bakhasees Thumaaree ||3||8||	This is Your blessing to Nanak, Your slave. ||3||8||	ਨਾਨਕ ਦਾਸ ਤੇਰੀ ਬਖ਼ਸ਼ਸ਼ (ਦਾ ਆਸਵੰਦ ਹੈ) ॥੩॥੮॥
24904	564	ਵਡਹੰਸੁ ਮਹਲਾ ੫ ਘਰੁ ੨		Vaddehans Mehalaa 5 Ghar 2	Wadahans, Fifth Mehl, Second House:	ਰਾਗ ਵਡਹੰਸ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
24905	564	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
24906	564	ਮੇਰੈ ਅੰਤਰਿ ਲੋਚਾ ਮਿਲਣ ਕੀ ਪਿਆਰੇ ਹਉ ਕਿਉ ਪਾਈ ਗੁਰ ਪੂਰੇ॥		Maerai Anthar Lochaa Milan Kee Piaarae Ho Kio Paaee Gur Poorae ||	Deep within me, there is a longing to meet my Beloved; how can I attain my Perfect Guru?	ਹੇ ਪਿਆਰੇ! ਮੇਰੇ ਮਨ ਵਿਚ (ਗੁਰੂ ਨੂੰ) ਮਿਲਣ ਦੀ ਤਾਂਘ ਹੈ, ਮੈਂ ਕਿਸ ਤਰ੍ਹਾਂ ਪੂਰੇ ਗੁਰੂ ਨੂੰ ਲੱਭਾਂ?
24907	564	ਜੇ ਸਉ ਖੇਲ ਖੇਲਾਈਐ ਬਾਲਕੁ ਰਹਿ ਨ ਸਕੈ ਬਿਨੁ ਖੀਰੇ॥	(ਖੀਰੇ) ਦੁੱਧ। ਖ਼੍ਹੇਲ ਖ਼੍ਹੇਲਾਈਐ	Jae So Khael Khaelaaeeai Baalak Rehi N Sakai Bin Kheerae ||	Even though a baby may play hundreds of games, he cannot survive without milk.	ਜੇ ਬਾਲਕ ਨੂੰ ਸੌ ਖੇਡਾਂ ਨਾਲ ਖਿਡਾਇਆ ਜਾਏ (ਪਰਚਾਇਆ ਜਾਏ), ਤਾਂ ਭੀ ਉਹ ਦੁੱਧ ਤੋਂ ਬਿਨਾ ਨਹੀਂ ਰਹਿ ਸਕਦਾ।

24908	564	ਮੇਰੈ ਅੰਤਰਿ ਭੁਖ ਨ ਉਤਰੈ ਅੰਮਾਲੀ ਜੇ ਸਉ ਭੋਜਨ ਮੈ ਨੀਰੇ॥	ਮਹਾਤਮਾ ਰੂਪੀ ਗੁਰਮੁਖਿ (ਅੰਮਾਲੀ) ਸਖੀ। (ਨੀਰੇ) ਪਰੋਸੇ	Maerai Anthar Bhukh N Outharai Anmaalee Jae So Bhojan Mai Neerae ||	The hunger within me is not satisfied, O my friend, even though I am served hundreds of dishes.	(ਤਿਵੇਂ ਹੀ) ਹੇ ਸਖੀ! ਜੇ ਮੈਨੂੰ ਸੌ ਭੋਜਨ ਭੀ ਦਿੱਤੇ ਜਾਣ, ਤਾਂ ਭੀ ਮੇਰੇ ਅੰਦਰ (ਵੱਸਦੀ ਪ੍ਰਭੂ-ਮਿਲਾਪ ਦੀ) ਭੁੱਖ ਲਹਿ ਨਹੀਂ ਸਕਦੀ।
24909	564	ਮੇਰੈ ਮਨਿ ਤਨਿ ਪ੍ਰੇਮੁ ਪਿਰੰਮ ਕਾ ਬਿਨੁ ਦਰਸਨ ਕਿਉ ਮਨੁ ਧੀਰੇ॥੧॥		Maerai Man Than Praem Piranm Kaa Bin Dharasan Kio Man Dhheerae ||1||	My mind and body are filled with love for my Beloved; how can my soul find relief, without the Blessed Vision of the Lord's Darshan? ||1||	ਮੇਰੇ ਮਨ ਵਿਚ, ਮੇਰੇ ਹਿਰਦੇ ਵਿਚ, ਪਿਆਰੇ ਪ੍ਰਭੂ ਦਾ ਪ੍ਰੇਮ ਵੱਸ ਰਿਹਾ ਹੈ, ਤੇ (ਉਸ ਦੇ) ਦਰਸਨ ਤੋਂ ਬਿਨਾ ਮੇਰਾ ਮਨ ਸ਼ਾਂਤੀ ਨਹੀਂ ਹਾਸਲ ਕਰ ਸਕਦਾ ॥੧॥
24910	564	ਸੁਣਿ ਸਜਣ ਮੇਰੇ ਪ੍ਰੀਤਮ ਭਾਈ ਮੈ ਮੇਲਿਹੁ ਮਿਤ੍ਰੁ ਸੁਖਦਾਤਾ॥		Sun Sajan Maerae Preetham Bhaaee Mai Maelihu Mithra Sukhadhaathaa ||	Listen, O my dear friends and siblings - lead me to my True Friend, the Giver of peace.	ਹੇ ਮੇਰੇ ਸੱਜਣ! ਹੇ ਮੇਰੇ ਪਿਆਰੇ ਵੀਰ! (ਮੇਰੀ ਬੇਨਤੀ) ਸੁਣ! ਤੇ ਮੈਨੂੰ ਆਤਮਕ ਆਨੰਦ ਦੇਣ ਵਾਲਾ ਮਿਤ੍ਰ-ਗੁਰੂ ਮਿਲਾ।
24911	564	ਓਹੁ ਜੀਅ ਕੀ ਮੇਰੀ ਸਭ ਬੇਦਨ ਜਾਣੈ ਨਿਤ ਸੁਣਾਵੈ ਹਰਿ ਕੀਆ ਬਾਤਾ॥	ਬਾਤਾਂ	Ouhu Jeea Kee Maeree Sabh Baedhan Jaanai Nith Sunaavai Har Keeaa Baathaa ||	He knows all the troubles of my soul; every day, he tells me stories of the Lord.	ਉਹ (ਗੁਰੂ) ਮੇਰੀ ਜਿੰਦ ਦੀ ਸਾਰੀ ਪੀੜਾ ਜਾਣਦਾ ਹੈ, ਤੇ ਮੈਨੂੰ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਸੁਣਾਂਦਾ ਹੈ।

24912	564	ਹਉ ਇਕੁ ਖਿਨੁ ਤਿਸੁ ਬਿਨੁ ਰਹਿ ਨ ਸਕਾ ਜਿਉ ਚਾਤ੍ਰਿਕੁ ਜਲ ਕਉ ਬਿਲਲਾਤਾ॥	ਚਾਤ੍ਰਿਕੁ	Ho Eik Khin This Bin Rehi N Sakaa Jio Chaathrik Jal Ko Bilalaathaa ||	I cannot live without Him, even for an instant. I cry out for Him, just as the song-bird cries for the drop of water.	ਮੈਂ ਉਸ (ਪਰਮਾਤਮਾ) ਤੋਂ ਬਿਨਾ ਰਤਾ ਭਰ ਸਮਾ ਭੀ ਨਹੀਂ ਰਹਿ ਸਕਦਾ (ਮੇਰੀ ਹਾਲਤ ਇੰਜ ਹੈ) ਜਿਵੇਂ ਪਪੀਹਾ ਵਰਖਾ ਦੀ ਬੂੰਦ ਦੀ ਖ਼ਾਤਰ ਵਿਲਕਦਾ ਹੈ।
24913	564	ਹਉ ਕਿਆ ਗੁਣ ਤੇਰੇ ਸਾਰਿ ਸਮਾਲੀ ਮੈ ਨਿਰਗੁਣ ਕਉ ਰਖਿ ਲੇਤਾ॥੨॥		Ho Kiaa Gun Thaerae Saar Samaalee Mai Niragun Ko Rakh Laethaa ||2||	Which of Your Glorious Virtues should I sing? You save even worthless beings like me. ||2||	(ਹੇ ਪ੍ਰਭੂ!) ਤੇਰੇ ਕੇਹੜੇ ਕੇਹੜੇ ਗੁਣ ਚੇਤੇ ਕਰ ਕੇ ਮੈਂ ਆਪਣੇ ਹਿਰਦੇ ਵਿਚ ਵਸਾਵਾਂ? ਤੂੰ ਮੈਨੂੰ ਗੁਣ-ਹੀਣ ਨੂੰ (ਸਦਾ) ਬਚਾ ਲੈਂਦਾ ਹੈਂ ॥੨॥
24914	564	ਹਉ ਭਈ ਉਡੀਣੀ ਕੰਤ ਕਉ ਅੰਮਾਲੀ ਸੋ ਪਿਰੁ ਕਦਿ ਨੈਣੀ ਦੇਖਾ॥	(ਉਡੀਣੀ) ਉਦਾਸ। (ਅੰਮਾਲੀ) ਸਖੀ	Ho Bhee Ouddeenee Kanth Ko Anmaalee So Pir Kadh Nainee Dhaekhaa ||	I have become depressed, waiting for my Husband Lord, O my friend; when shall my eyes behold my Husband?	ਹੇ ਸਖੀ! ਮੈਂ ਪ੍ਰਭੂ-ਪਤੀ ਨੂੰ ਮਿਲਣ ਵਾਸਤੇ ਉਤਾਵਲੀ ਹੋ ਰਹੀ ਹਾਂ, ਮੈਂ ਕਦੋਂ ਉਸ ਪਤੀ ਨੂੰ ਆਪਣੀਆਂ ਅੱਖਾਂ ਨਾਲ ਵੇਖਾਂਗੀ?
24915	564	ਸਭਿ ਰਸ ਭੋਗਣ ਵਿਸਰੇ ਬਿਨੁ ਪਿਰ ਕਿਤੈ ਨ ਲੇਖਾ॥		Sabh Ras Bhogan Visarae Bin Pir Kithai N Laekhaa ||	I have forgotten how to enjoy all pleasures; without my Husband Lord, they are of no use at all.	ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ ਮੈਨੂੰ ਸਾਰੇ ਪਦਾਰਥਾਂ ਦੇ ਭੋਗ ਭੁੱਲ ਚੁੱਕੇ ਹਨ, ਇਹ ਪਦਾਰਥ ਪ੍ਰਭੂ-ਪਤੀ ਤੋਂ ਬਿਨਾ ਮੇਰੇ ਕਿਸੇ ਕੰਮ ਨਹੀਂ।

24916	564	ਇਹੁ ਕਾਪੜੁ ਤਨਿ ਨ ਸੁਖਾਵਈ ਕਰਿ ਨ ਸਕਉ ਹਉ ਵੇਸਾ॥		Eihu Kaaparr Than N Sukhaavee Kar N Sako Ho Vaesaa ||	These clothes do not please my body; I cannot dress myself.	ਮੈਨੂੰ ਤਾਂ ਆਪਣੇ ਸਰੀਰ ਉੱਤੇ ਇਹ ਕੱਪੜਾ ਭੀ ਨਹੀਂ ਸੁਖਾਂਦਾ, ਤਾਹੀਏਂ ਮੈਂ ਕੋਈ ਪਹਿਰਾਵਾ ਨਹੀਂ ਕਰ ਸਕਦੀ।
24917	564	ਜਿਨੀ ਸਖੀ ਲਾਲੁ ਰਾਵਿਆ ਪਿਆਰਾ ਤਿਨ ਆਗੈ ਹਮ ਆਦੇਸਾ॥੩॥		Jinee Sakhee Laal Raaviaa Piaaraa Thin Aagai Ham Aadhaesaa ||3||	I bow to those friends of mine, who have enjoyed their Beloved Husband Lord. ||3||	ਜਿਨ੍ਹਾਂ ਸਹੇਲੀਆਂ ਨੇ ਪਿਆਰੇ ਲਾਲ ਨੂੰ ਪ੍ਰਸੰਨ ਕਰ ਲਿਆ ਹੈ, ਮੈਂ ਉਹਨਾਂ ਅੱਗੇ ਅਰਜ਼ੋਈ ਕਰਦੀ ਹਾਂ (ਕਿ ਮੈਨੂੰ ਭੀ ਉਸ ਦੇ ਚਰਨਾਂ ਵਿਚ ਜੋੜ ਦੇਣ) ॥੩॥
24918	564	ਮੈ ਸਭਿ ਸੀਗਾਰ ਬਣਾਇਆ ਅੰਮਾਲੀ ਬਿਨੁ ਪਿਰ ਕਾਮਿ ਨ ਆਏ॥		Mai Sabh Seegaar Banaaeiaa Anmaalee Bin Pir Kaam N Aaeae ||	I have adorned myself with all sorts of decorations, O my friend, but without my Husband Lord, they are of no use at all.	ਹੇ ਸਹੇਲੀ! ਜੇ ਮੈਂ ਸਾਰੇ ਸਿੰਗਾਰ ਕਰ ਭੀ ਲਏ, ਤਾਂ ਭੀ ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ (ਇਹ ਸਿੰਗਾਰ) ਕਿਸੇ ਕੰਮ ਨਹੀਂ ਆਉਂਦੇ।
24919	564	ਜਾ ਸਹਿ ਬਾਤ ਨ ਪੁਛੀਆ ਅੰਮਾਲੀ ਤਾ ਬਿਰਥਾ ਜੋਬਨੁ ਸਭੁ ਜਾਏ॥		Jaa Sehi Baath N Pushheeaa Anmaalee Thaa Birathhaa Joban Sabh Jaaeae ||	When my Husband does not care for me, O my friend, then my youth passes, totally useless.	ਹੇ ਸਖੀ! ਜੇ ਪ੍ਰਭੂ-ਪਤੀ ਨੇ ਮੇਰੀ ਵਾਤ/ਹਾਲਤ ਹੀ ਨਾਂ ਪੁੱਛੀ (ਭਾਵ, ਮੇਰੇ ਵਲ ਧਿਆਨ ਹੀ ਨਾਂ ਕੀਤਾ) ਤਾਂ ਮੇਰੀ ਤਾਂ ਸਾਰੀ ਜਵਾਨੀ ਹੀ ਵਿਅਰਥ ਚਲੀ ਜਾਵੇਗੀ।

24920	564	ਧਨੁ ਧਨੁ ਤੇ ਸੋਹਾਗਣੀ ਅੰਮਾਲੀ ਜਿਨ ਸਹੁ ਰਹਿਆ ਸਮਾਏ॥		Dhhan Dhhan Thae Sohaaganee Anmaalee Jin Sahu Rehiaa Samaaeae ||	Blessed, blessed are the happy soul-brides, O my friend, who are blended with their Husband Lord.	ਹੇ ਸਖੀ! ਉਹ ਸੁਹਾਗਣਾਂ ਬਹੁਤ ਭਾਗਾਂ ਵਾਲੀਆਂ ਹਨ ਜਿਨ੍ਹਾਂ ਦੇ ਹਿਰਦੇ ਵਿਚ ਖਸਮ-ਪ੍ਰਭੂ ਸਦਾ ਟਿਕਿਆ ਰਹਿੰਦਾ ਹੈ।
24921	564	ਹਉ ਵਾਰਿਆ ਤਿਨ ਸੋਹਾਗਣੀ ਅੰਮਾਲੀ ਤਿਨ ਕੇ ਧੋਵਾ ਸਦ ਪਾਏ॥੪॥		Ho Vaariaa Thin Sohaaganee Anmaalee Thin Kae Dhhovaa Sadh Paaeae ||4||	I am a sacrifice to those happy soul-brides; I wash their feet again and again. ||4||	ਹੇ ਸਹੇਲੀ! ਮੈਂ ਉਹਨਾਂ ਸੁਹਾਗਣਾਂ ਤੋਂ ਕੁਰਬਾਨ ਹਾਂ, ਮੈਂ ਸਦਾ ਉਹਨਾਂ ਦੇ ਪੈਰ ਧੋਂਦੀ ਹਾਂ (ਧੋਣ ਨੂੰ ਤਿਆਰ ਹਾਂ) ॥੪॥
24922	564	ਜਿਚਰੁ ਦੂਜਾ ਭਰਮੁ ਸਾ ਅੰਮਾਲੀ ਤਿਚਰੁ ਮੈ ਜਾਣਿਆ ਪ੍ਰਭੁ ਦੂਰੇ॥	ਜਿੱਚਰੁ। ਤਿੱਚਰੁ	Jichar Dhoojaa Bharam Saa Anmaalee Thichar Mai Jaaniaa Prabh Dhoorae ||	As long as I suffered from duality and doubt, O my friend, I thought God was far away.	ਹੇ ਸਹੇਲੀ! ਜਿਤਨਾ ਚਿਰ ਮੈਨੂੰ ਕਿਸੇ ਹੋਰ (ਦੇ ਆਸਰੇ) ਦਾ ਭੁਲੇਖਾ ਸੀ, ਉਤਨਾ ਚਿਰ ਮੈਂ ਪ੍ਰਭੂ ਨੂੰ (ਆਪਣੇ ਤੋਂ) ਦੂਰ (-ਵੱਸਦਾ) ਜਾਣਦੀ ਰਹੀ।

24923	564	ਜਾ ਮਿਲਿਆ ਪੂਰਾ ਸਤਿਗੁਰੂ ਅੰਮਾਲੀ ਤਾ ਆਸਾ ਮਨਸਾ ਸਭ ਪੂਰੇ॥		Jaa Miliaa Pooraa Sathiguroo Anmaalee Thaa Aasaa Manasaa Sabh Poorae ||	But when I met the Perfect True Guru, O my friend, then all my hopes and desires were fulfilled.	ਪਰ, ਹੇ ਸਹੇਲੀ! ਜਦੋਂ ਮੈਨੂੰ ਪੂਰਾ ਗੁਰੂ ਮਿਲ ਪਿਆ, ਤਾਂ ਮੇਰੀ ਹਰੇਕ ਆਸ ਹਰੇਕ ਤਾਂਘ ਪੂਰੀ ਹੋ ਗਈ।
24924	564	ਮੈ ਸਰਬ ਸੁਖਾ ਸੁਖ ਪਾਇਆ ਅੰਮਾਲੀ ਪਿਰੁ ਸਰਬ ਰਹਿਆ ਭਰਪੂਰੇ॥		Mai Sarab Sukhaa Sukh Paaeiaa Anmaalee Pir Sarab Rehiaa Bharapoorae ||	I have obtained all pleasures and comforts, O my friend; my Husband Lord is all-pervading everywhere.	ਤੇ, ਹੇ ਸਖੀ! ਮੈਂ ਸਾਰੇ ਸੁਖਾਂ ਤੋਂ ਸ੍ਰੇਸ਼ਟ (ਪ੍ਰਭੂ-ਮਿਲਾਪ ਦਾ) ਸੁਖ ਪਾ ਲਿਆ ਤੇ ਮੈਨੂੰ ਉਹ ਪ੍ਰਭੂ-ਪਤੀ ਸਭਨਾਂ ਵਿਚ ਵੱਸਦਾ ਦਿੱਸ ਪਿਆ।
24925	564	ਜਨ ਨਾਨਕ ਹਰਿ ਰੰਗੁ ਮਾਣਿਆ ਅੰਮਾਲੀ ਗੁਰ ਸਤਿਗੁਰ ਕੈ ਲਗਿ ਪੈਰੇ॥੫॥੧॥੯॥	ਲੱਗਿ	Jan Naanak Har Rang Maaniaa Anmaalee Gur Sathigur Kai Lag Pairae ||5||1||9||	Servant Nanak enjoys the Lord's Love, O my friend; I fall at the feet of the Guru, the True Guru. ||5||1||9||	ਹੇ ਸਹੇਲੀ! ਦਾਸ ਨਾਨਕ ਨੇ ਗੁਰੂ ਦੀ ਚਰਨੀਂ ਲੱਗ ਕੇ ਮੈਂ ਪਰਮਾਤਮਾ ਦੇ ਮਿਲਾਪ ਦਾ ਆਨੰਦ ਪ੍ਰਾਪਤ ਕਰ ਲਿਆ ਹੈ ॥੫॥੧॥੯॥
24926	564	ਵਡਹੰਸੁ ਮਹਲਾ ੩ ਅਸਟਪਦੀਆ	ਅਸਟਪਦੀਆਂ:ਸ ਪੈਰ ਬਿੰਦੀ ਨ ਲਾਉ	Vaddehans Mehalaa 3 Asattapadheeaa	Wadahans, Third Mehl, Ashtapadees:	ਰਾਗ ਵਡਹੰਸ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
24927	564	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

24928	564	ਸਚੀ ਬਾਣੀ ਸਚੁ ਧੁਨਿ ਸਚੁ ਸਬਦੁ ਵੀਚਾਰਾ॥		Sachee Baanee Sach Dhhun Sach Sabadh Veechaaraa ||	True is the Bani of His Word, and True is the melody; True is contemplative meditation on the Word of the Shabad.	ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਤੇ ਹਰਿ-ਨਾਮ ਦੀ ਰੌ (ਮੇਰੇ ਅੰਦਰ) ਚੱਲ ਪਈ ਹੈ, ਹਰੀ ਦੀ ਸਿਫ਼ਤ-ਸਾਲਾਹ ਵਾਲਾ ਗੁਰ-ਸ਼ਬਦ ਮੇਰੀ ਵਿਚਾਰ (ਦਾ ਧੁਰਾ) ਬਣ ਗਿਆ ਹੈ,
24929	564	ਅਨ ਦਿਨੁ ਸਚੁ ਸਲਾਹਣਾ ਧਨੁ ਧਨੁ ਵਡਭਾਗ ਹਮਾਰਾ॥੧॥	ਵੱਡਭਾਗ	Anadhin Sach Salaahanaa Dhhan Dhhan Vaddabhaag Hamaaraa ||1||	Night and day, I praise the True Lord. Blessed, blessed is my great good fortune. ||1||	ਤੇ ਮੈਂ ਹਰ ਵੇਲੇ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹਾਂ, ਮੇਰੇ ਵੱਡੇ ਭਾਗ ਜਾਗ ਪਏ ਹਨ ॥੧॥
24930	564	ਮਨ ਮੇਰੇ ਸਾਚੇ ਨਾਮ ਵਿਟਹੁ ਬਲਿ ਜਾਉ॥		Man Maerae Saachae Naam Vittahu Bal Jaao ||	O my mind, let yourself be a sacrifice to the True Name.	ਹੇ ਮੇਰੇ ਮਨ! ਸਦਾ ਕਾਇਮ ਰਹਿਣ ਵਾਲੇ ਹਰਿ-ਨਾਮ ਤੋਂ ਸਦਕੇ ਜਾਇਆ ਕਰ।
24931	564	ਦਾਸਨਿ ਦਾਸਾ ਹੋਇ ਰਹਹਿ ਤਾ ਪਾਵਹਿ ਸਚਾ ਨਾਉ॥੧॥ਰਹਾਉ॥	ਰਹ-ਹਿ ਪਾਵ-ਹਿ	Dhaasan Dhaasaa Hoe Rehehi Thaa Paavehi Sachaa Naao ||1|| Rehaao ||	If you become the slave of the Lord's slaves, you shall obtain the True Name. ||1||Pause||	ਪਰ ਇਹ ਸਦਾ-ਥਿਰ ਰਹਿਣ ਵਾਲਾ ਹਰਿ-ਨਾਮ ਤੂੰ ਤਦੋਂ ਹੀ ਹਾਸਲ ਕਰ ਸਕੇਂਗਾ, ਜੇ ਤੂੰ ਪਰਮਾਤਮਾ ਦੇ ਸੇਵਕਾਂ ਦਾ ਸੇਵਕ ਬਣਿਆ ਰਹੇਂਗਾ ॥੧॥ ਰਹਾਉ ॥
24932	565	ਜਿਹਵਾ ਸਚੀ ਸਚਿ ਰਤੀ ਤਨੁ ਮਨੁ ਸਚਾ ਹੋਇ॥		Jihavaa Sachee Sach Rathee Than Man Sachaa Hoe ||	True is the tongue which is imbued with Truth, and true are the mind and body.	ਜੇਹੜੀ (ਮਨੁੱਖਾ-) ਜੀਭ ਸਦਾ-ਥਿਰ ਹਰੀ (ਦੇ ਪ੍ਰੇਮ) ਵਿਚ ਰੰਗੀ ਜਾਂਦੀ ਹੈ ਉਸ ਦਾ ਮਨ ਤੇ ਸਰੀਰ ਸਫਲ ਹੋ ਜਾਂਦਾ ਹੈ।

24933	565	ਬਿਨੁ ਸਾਚੇ ਹੋਰੁ ਸਾਲਾਹਣਾ ਜਾਸਹਿ ਜਨਮੁ ਸਭੁ ਖੋਇ॥੨॥		Bin Saachae Hor Saalaahanaa Jaasehi Janam Sabh Khoe ||2||	By praising any other than the True Lord, one's whole life is wasted. ||2||	ਜੇ ਤੂੰ ਸਦਾ-ਥਿਰ ਪ੍ਰਭੂ ਨੂੰ ਛੱਡ ਕੇ ਕਿਸੇ ਹੋਰ ਨੂੰ ਸਲਾਹੁੰਦਾ ਰਹੇਂਗਾ, ਤਾਂ ਆਪਣਾ ਸਾਰਾ ਜਨਮ ਗਵਾ ਕੇ (ਇਥੋਂ) ਜਾਵੇਂਗਾ ॥੨॥
24934	565	ਸਚੁ ਖੇਤੀ ਸਚੁ ਬੀਜਣਾ ਸਾਚਾ ਵਾਪਾਰਾ॥		Sach Khaethee Sach Beejanaa Saachaa Vaapaaraa ||	Let Truth be the farm, Truth the seed, and Truth the merchandise you trade.	ਜੇਹੜਾ ਮਨੁੱਖ ਸਦਾ-ਥਿਰ ਹਰਿ-ਨਾਮ ਨੂੰ ਆਪਣੀ ਖੇਤੀ ਬਣਾਂਦਾ ਹੈ ਤੇ ਉਸ ਵਿੱਚ ਹਰਿ-ਨਾਮ-ਬੀਜ ਬੀਜਦਾ ਹੈ, ਤੇ ਹਰਿ-ਨਾਮ ਦਾ ਹੀ ਵਪਾਰ ਕਰਦਾ ਹੈ,
24935	565	ਅਨ ਦਿਨੁ ਲਾਹਾ ਸਚੁ ਨਾਮੁ ਧਨੁ ਭਗਤਿ ਭਰੇ ਭੰਡਾਰਾ॥੩॥		Anadhin Laahaa Sach Naam Dhhan Bhagath Bharae Bhanddaaraa ||3||	Night and day, you shall earn the profit of the Lord's Name; you shall have the treasure overflowing with the wealth of devotional worship. ||3||	ਉਸ ਨੂੰ ਹਰ-ਰੋਜ਼ ਹਰਿ-ਨਾਮ-ਧਨ ਲਾਭ (ਵਜੋਂ) ਪ੍ਰਾਪਤ ਹੁੰਦਾ ਹੈ ਤੇ ਉਸ ਦੇ ਹਿਰਦੇ ਵਿਚ ਭਗਤੀ ਦੇ ਖ਼ਜ਼ਾਨੇ ਭਰ ਜਾਂਦੇ ਹਨ ॥੩॥
24936	565	ਸਚੁ ਖਾਣਾ ਸਚੁ ਪੈਨਣਾ ਸਚੁ ਟੇਕ ਹਰਿ ਨਾਉ॥		Sach Khaanaa Sach Painanaa Sach Ttaek Har Naao ||	Let Truth be your food, and let Truth be your clothes; let your True Support be the Name of the Lord.	ਉਸ ਮਨੁੱਖ ਨੂੰ ਸਦਾ-ਥਿਰ ਹਰਿ-ਨਾਮ (ਆਤਮਕ) ਖ਼ੁਰਾਕ, ਹਰਿ-ਨਾਮ ਹੀ ਪੁਸ਼ਾਕ, ਹਰਿ-ਨਾਮ ਹੀ (ਜੀਵਨ ਦਾ) ਆਸਰਾ ਮਿਲ ਜਾਂਦਾ ਹੈ,

24937	565	ਜਿਸ ਨੋ ਬਖਸੇ ਤਿਸੁ ਮਿਲੈ ਮਹਲੀ ਪਾਏ ਥਾਉ॥੪॥		Jis No Bakhasae This Milai Mehalee Paaeae Thhaao ||4||	One who is so blessed by the Lord, obtains a seat in the Mansion of the Lord's Presence. ||4||	ਜਿਸ ਮਨੁੱਖ ਉੱਤੇ ਪਰਮਾਤਮਾ ਬਖ਼ਸ਼ਸ਼ ਕਰਦਾ ਹੈ, ਤੇ ਐਸਾ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਥਾਂ ਪ੍ਰਾਪਤ ਕਰ ਲੈਂਦਾ ਹੈ ॥੪॥
24938	565	ਆਵਹਿ ਸਚੇ ਜਾਵਹਿ ਸਚੇ ਫਿਰਿ ਜੂਨੀ ਮੂਲਿ ਨ ਪਾਹਿ॥		Aavehi Sachae Jaavehi Sachae Fir Joonee Mool N Paahi ||	In Truth we come, and in Truth we go, and then, we are not consigned to reincarnation again.	ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ ਹਰਿ-ਨਾਮ ਵਿਚ ਲੀਨ ਹੀ (ਜਗਤ ਵਿਚ) ਆਉਂਦੇ ਹਨ, ਹਰਿ-ਨਾਮ ਵਿਚ ਲੀਨ ਹੀ (ਇਥੋਂ) ਜਾਂਦੇ ਹਨ, ਉਹ ਮੁੜ ਕਦੇ ਭੀ ਜੂਨਾਂ ਦੇ ਗੇੜ ਵਿਚ ਨਹੀਂ ਪੈਂਦੇ।
24939	565	ਗੁਰਮੁਖਿ ਦਰਿ ਸਾਚੈ ਸਚਿਆਰ ਹਹਿ ਸਾਚੇ ਮਾਹਿ ਸਮਾਹਿ॥੫॥		Guramukh Dhar Saachai Sachiaar Hehi Saachae Maahi Samaahi ||5||	The Gurmukhs are hailed as True in the True Court; they merge in the True Lord. ||5||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਸਦਾ-ਥਿਰ ਪ੍ਰਭੂ ਦੇ ਦਰ ਤੇ ਸੁਰਖ਼-ਰੂ ਹੋ ਜਾਂਦੇ ਹਨ, ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਹੋ ਜਾਂਦੇ ਹਨ ॥੫॥
24940	565	ਅੰਤਰੁ ਸਚਾ ਮਨੁ ਸਚਾ ਸਚੀ ਸਿਫਤਿ ਸਨਾਇ॥	(ਸਨਾਇ) ਵਡਿਆਈ	Anthar Sachaa Man Sachaa Sachee Sifath Sanaae ||	Deep within they are True, and their minds are True; they sing the Glorious Praises of the True Lord.	ਮੇਰਾ ਹਿਰਦਾ ਸਫਲ ਹੋ ਗਿਆ ਹੈ, ਮੇਰਾ ਮਨ ਸਫਲ ਹੋ ਗਿਆ ਹੈ, ਤੇ, ਮੈਂ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹਾਂ।

24941	565	ਸਚੈ ਥਾਨਿ ਸਚੁ ਸਾਲਾਹਣਾ ਸਤਿਗੁਰ ਬਲਿਹਾਰੈ ਜਾਉ॥੬॥		Sachai Thhaan Sach Saalaahanaa Sathigur Balihaarai Jaao ||6||	In the true place, they praise the True Lord; I am a sacrifice to the True Guru. ||6||	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਨ ਨਾਲ ਸਦਾ-ਥਿਰ ਹਰੀ ਦੀ ਹਜ਼ੂਰੀ ਵਿਚ ਥਾਂ ਮਿਲ ਜਾਂਦੀ ਹੈ; ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ (ਜਿਸ ਦੀ ਮੇਹਰ ਦਾ ਇਹ ਸਦਕਾ ਹੈ) ॥੬॥
24942	565	ਸਚੁ ਵੇਲਾ ਮੂਰਤੁ ਸਚੁ ਜਿਤੁ ਸਚੇ ਨਾਲਿ ਪਿਆਰੁ॥		Sach Vaelaa Moorath Sach Jith Sachae Naal Piaar ||	True is the time, and true is the moment, when one falls in love with the True Lord.	ਉਹ ਵੇਲਾ ਸਫਲ ਹੈ, ਉਹ ਮੁਹੂਰਤ ਸਫਲ ਹੈ ਜਦੋਂ ਕਿਸੇ ਦਾ ਪਿਆਰ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ ਬਣ ਜਾਂਦਾ ਹੈ;
24943	565	ਸਚੁ ਵੇਖਣਾ ਸਚੁ ਬੋਲਣਾ ਸਚਾ ਸਭੁ ਆਕਾਰੁ॥੭॥		Sach Vaekhanaa Sach Bolanaa Sachaa Sabh Aakaar ||7||	Then, he sees Truth, and speaks the Truth; he realizes the True Lord pervading the entire Universe. ||7||	ਤਾਂ ਉਹ ਸਦਾ-ਥਿਰ ਪ੍ਰਭੂ ਨੂੰ ਹੀ ਹਰ ਥਾਂ ਵੇਖਦਾ ਹੈ, ਸਦਾ-ਥਿਰ ਹਰਿ-ਨਾਮ ਹੀ ਜਪਦਾ ਹੈ ਤੇ ਇਹ ਸਾਰਾ ਸੰਸਾਰ ਉਸ ਨੂੰ ਸਦਾ ਕਾਇਮ ਰਹਿਣ ਵਾਲੇ ਦਾ ਸਰੂਪ ਹੀ ਦਿੱਸਦਾ ਹੈ ॥੭॥
24944	565	ਨਾਨਕ ਸਚੈ ਮੇਲੇ ਤਾ ਮਿਲੇ ਆਪੇ ਲਏ ਮਿਲਾਇ॥		Naanak Sachai Maelae Thaa Milae Aapae Leae Milaae ||	O Nanak, one merges with the True Lord, when He merges with Himself.	ਹੇ ਨਾਨਕ! ਜਦੋਂ ਸਦਾ-ਥਿਰ ਪ੍ਰਭੂ ਜੀਵਾਂ ਨੂੰ ਆਪਣੇ ਨਾਲ ਮਿਲਾਂਦਾ ਹੈ ਤਦੋਂ ਹੀ ਉਹ ਉਸ ਨੂੰ ਮਿਲਦੇ ਹਨ, ਪ੍ਰਭੂ ਆਪ ਹੀ ਆਪਣੇ (ਨਾਲ) ਮਿਲਾ ਲੈਂਦਾ ਹੈ।
24945	565	ਜਿਉ ਭਾਵੈ ਤਿਉ ਰਖਸੀ ਆਪੇ ਕਰੇ ਰਜਾਇ॥੮॥੧॥		Jio Bhaavai Thio Rakhasee Aapae Karae Rajaae ||8||1||	As it pleases Him, He preserves us; He Himself ordains His Will. ||8||1||	ਜਿਵੇਂ ਉਸ ਨੂੰ ਚੰਗਾ ਲੱਗਦਾ ਹੈ, ਤਿਵੇਂ ਹੀ ਪ੍ਰਭੂ ਆਪ ਜੀਵਾਂ ਨੂੰ ਰਾਹੇ ਪਾਈ ਰਖਦਾ ਹੈ ਆਪਣੇ ਹੁਕਮ ਅਨੁਸਾਰ ॥੮॥੧॥

24946	565	ਵਡਹੰਸੁ ਮਹਲਾ ੩॥		Vaddehans Mehalaa 3 ||	Wadahans, Third Mehl:	
24947	565	ਮਨੂਆ ਦਹ ਦਿਸ ਧਾਵਦਾ ਓਹੁ ਕੈਸੇ ਹਰਿ ਗੁਣ ਗਾਵੈ॥		Manooaa Dheh Dhis Dhhaavadhaa Ouhu Kaisae Har Gun Gaavai ||	His mind wanders in the ten directions - how can he sing the Glorious Praises of the Lord?	ਪਰਮਾਤਮਾ ਦੇ ਗੁਣ ਕਿਵੇਂ ਗਾ ਸਕਦਾ ਹੈ, ਜਿਸ ਮਨੁੱਖ ਜਿਸ ਦਾ ਹੋਛਾ ਮਨ ਦਸੀਂ ਪਾਸੀਂ ਦੌੜਦਾ ਰਹਿੰਦਾ ਹੈ,
24948	565	ਇੰਦ੍ਰੀ ਵਿਆਪਿ ਰਹੀ ਅਧਿਕਾਈ ਕਾਮੁ ਕ੍ਰੋਧੁ ਨਿਤ ਸੰਤਾਵੈ॥੧॥	(ਅਧਿਕਾਈ) ਬਹੁਤ	Eindhree Viaap Rehee Adhhikaaee Kaam Krodhh Nith Santhaavai ||1||	The sensory organs are totally engrossed in sensuality; sexual desire and anger constantly afflict him. ||1||	ਜਿਸ ਉਤੇ ਕਾਮ-ਵਾਸਨਾ ਬਹੁਤ ਜ਼ੋਰ ਪਾਈ ਰੱਖਦੀ ਹੈ, ਜਿਸ ਨੂੰ ਕਾਮ ਸਦਾ ਸਤਾਂਦਾ ਰਹਿੰਦਾ ਹੈ ਤੇ ਜਿਸ ਨੂੰ ਕ੍ਰੋਧ ਸਦਾ ਦੁਖੀ ਕਰਦਾ ਰਹਿੰਦਾ ਹੈ ॥੧॥
24949	565	ਵਾਹੁ ਵਾਹੁ ਸਹਜੇ ਗੁਣ ਰਵੀਜੈ॥		Vaahu Vaahu Sehajae Gun Raveejai ||	Waaho! Waaho! Hail! Hail! Chant His Glorious Praises.	ਆਤਮਕ ਅਡੋਲਤਾ ਵਿਚ ਟਿਕ ਕੇ ਹੀ ਪਰਮਾਤਮਾ ਦੇ ਗੁਣਾਂ ਦੀ ਸਿਫ਼ਤ-ਸਾਲਾਹ ਕੀਤੀ ਜਾ ਸਕਦੀ ਹੈ।
24950	565	ਰਾਮ ਨਾਮੁ ਇਸੁ ਜੁਗ ਮਹਿ ਦੁਲਭੁ ਹੈ ਗੁਰਮਤਿ ਹਰਿ ਰਸੁ ਪੀਜੈ॥੧॥ਰਹਾਉ॥	ਦੁ-ਲੱਭੁ	Raam Naam Eis Jug Mehi Dhulabh Hai Guramath Har Ras Peejai ||1|| Rehaao ||	The Lord's Name is so difficult to obtain in this age; under Guru's Instruction, drink in the subtle essence of the Lord. ||1||Pause||	ਮਨੁੱਖਾ ਜਨਮ ਵਿਚ ਪਰਮਾਤਮਾ ਦਾ ਨਾਮ ਇਕ ਦੁਰਲਭ ਵਸਤੂ ਹੈ ਤੇ ਗੁਰੂ ਦੀ ਮੱਤ ਉੱਤੇ ਤੁਰ ਕੇ ਹੀ ਪਰਮਾਤਮਾ ਦੇ ਨਾਮ ਦਾ ਰਸ ਪੀਤਾ ਜਾ ਸਕਦਾ ਹੈ ॥੧॥ ਰਹਾਉ ॥

24951	565	ਸਬਦੁ ਚੀਨਿ ਮਨੁ ਨਿਰਮਲੁ ਹੋਵੈ ਤਾ ਹਰਿ ਕੇ ਗੁਣ ਗਾਵੈ॥	(ਚੀਨਿ) ਸਮਝਕੇ	Sabadh Cheen Man Niramal Hovai Thaa Har Kae Gun Gaavai ||	Remembering the Word of the Shabad, the mind becomes immaculately pure, and then, one sings the Glorious Praises of the Lord.	ਜਦੋਂ ਗੁਰੂ ਦੇ ਸ਼ਬਦ ਨਾਲ ਸਾਂਝ ਪਾ ਕੇ ਮਨੁੱਖ ਦਾ ਮਨ ਪਵਿਤ੍ਰ ਹੋ ਜਾਂਦਾ ਹੈ ਤਦੋਂ ਹੀ ਉਹ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਹੈ।
24952	565	ਗੁਰਮਤੀ ਆਪੈ ਆਪੁ ਪਛਾਣੈ ਤਾ ਨਿਜ ਘਰਿ ਵਾਸਾ ਪਾਵੈ॥੨॥		Guramathee Aapai Aap Pashhaanai Thaa Nij Ghar Vaasaa Paavai ||2||	Under Guru's Instruction, one comes to understand his own self, and then, he comes to dwell in the home of his inner self. ||2||	ਜਦੋਂ ਮਨੁੱਖ ਗੁਰੂ ਦੀ ਮੱਤ ਉਤੇ ਤੁਰ ਕੇ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਹੈ ਤਦੋਂ ਉਹ ਪਰਮਾਤਮਾ ਦੇ ਚਰਨਾਂ ਵਿਚ ਥਾਂ ਪ੍ਰਾਪਤ ਕਰ ਲੈਂਦਾ ਹੈ ॥੨॥
24953	565	ਏ ਮਨ ਮੇਰੇ ਸਦਾ ਰੰਗਿ ਰਾਤੇ ਸਦਾ ਹਰਿ ਕੇ ਗੁਣ ਗਾਉ॥		Eae Man Maerae Sadhaa Rang Raathae Sadhaa Har Kae Gun Gaao ||	O my mind, be imbued forever with the Lord's Love, and sing forever the Glorious Praises of the Lord.	ਹੇ ਮੇਰੇ ਮਨ! ਸਦਾ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹੁ, ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਰਹੁ,
24954	565	ਹਰਿ ਨਿਰਮਲੁ ਸਦਾ ਸੁਖਦਾਤਾ ਮਨਿ ਚਿੰਦਿਆ ਫਲੁ ਪਾਉ॥੩॥		Har Niramal Sadhaa Sukhadhaathaa Man Chindhiaa Fal Paao ||3||	The Immaculate Lord is forever the Giver of peace; from Him, one receives the fruits of his heart's desires. ||3||	ਤੇ ਇੰਜ ਮਨ-ਇੱਛਤ ਫਲ ਹਾਸਲ ਕਰ! ਪਰਮਾਤਮਾ ਸਦਾ ਪਵਿਤ੍ਰ ਹੈ ਤੇ ਸਦਾ ਸੁਖ ਦੇਣ ਵਾਲਾ ਹੈ ॥੩॥

24955	565	ਹਮ ਨੀਚ ਸੇ ਊਤਮ ਭਏ ਹਰਿ ਕੀ ਸਰਣਾਈ॥		Ham Neech Sae Ootham Bheae Har Kee Saranaaee ||	I am lowly, but I have been exalted, entering the Sanctuary of the Lord.	ਪਰਮਾਤਮਾ ਦੀ ਸਰਨ ਪਿਆਂ ਅਸੀਂ ਜੀਵ ਨੀਚਾਂ ਤੋਂ ਉੱਤਮ ਬਣ ਜਾਂਦੇ ਹਾਂ।
24956	565	ਪਾਥਰੁ ਡੁਬਦਾ ਕਾਢਿ ਲੀਆ ਸਾਚੀ ਵਡਿਆਈ॥੪॥	ਪੱਥਰੁ ਡੁੱਬਦਾ	Paathhar Ddubadhaa Kaadt Leeaa Saachee Vaddiaaee ||4||	He has lifted up the sinking stone; True is His glorious greatness. ||4||	ਪਰਮਾਤਮਾ (ਵਿਕਾਰਾਂ ਵਿਚੋਂ) ਡਿਗੇ ਹੋਏ ਪੱਥਰ-ਚਿੱਤ ਮਨੁੱਖ ਨੂੰ ਭੀ ਬਚਾ ਲੈਂਦਾ ਹੈ, ਤੇ ਅਸਲ ਇੱਜ਼ਤ ਬਖ਼ਸ਼ਦਾ ਹੈ ॥੪॥
24957	565	ਬਿਖੁ ਸੇ ਅੰਮ੍ਰਿਤ ਭਏ ਗੁਰਮਤਿ ਬੁਧਿ ਪਾਈ॥		Bikh Sae Anmrith Bheae Guramath Budhh Paaee ||	From poison, I have been transformed into Ambrosial Nectar; under Guru's Instruction, I have obtained wisdom.	ਜੇਹੜੇ ਗੁਰੂ ਦੀ ਮੱਤ ਉਤੇ ਤੁਰ ਕੇ ਸ੍ਰੇਸ਼ਟ ਅਕਲ ਹਾਸਲ ਕਰ ਲੈਂਦੇ ਹਨ ਉਹ (ਮਾਨੋ) ਜ਼ਹਿਰ ਤੋਂ ਅੰਮ੍ਰਿਤ ਬਣ ਜਾਂਦੇ ਹਨ।
24958	565	ਅਕਹੁ ਪਰਮਲ ਭਏ ਅੰਤਰਿ ਵਾਸਨਾ ਵਸਾਈ॥੫॥	(ਅੱਕਹੁ)ਔਗੁਣ ਪਾਪ । (ਪਰਮਲ)ਚੰਨਣ ਭਗਤਿ ਬਣ ਗਏ। ਪ੍ਰੇਮਾ-ਭਗਤੀ ਦੀ ਵਾਸਨਾ। (ਵਸਾਈ) ਵਸਾ ਦਿਤੀ	Akahu Paramal Bheae Anthar Vaasanaa Vasaaee ||5||	From bitter herbs, I have been transformed into sandalwood; this fragrance permeates me deep within. ||5||	ਉਹ (ਮਾਨੋ) ਅੱਕ ਤੋਂ ਚੰਦਨ ਬਣ ਜਾਂਦੇ ਹਨ, ਉਹਨਾਂ ਦੇ ਅੰਦਰ (ਸੁੱਚੇ ਆਤਮਕ ਜੀਵਨ ਦੀ) ਸੁਗੰਧੀ ਆ ਵੱਸਦੀ ਹੈ ॥੫॥
24959	565	ਮਾਣਸ ਜਨਮੁ ਦੁਲੰਭੁ ਹੈ ਜਗ ਮਹਿ ਖਟਿਆ ਆਇ॥	ਦੁ-ਲੰਭੁ	Maanas Janam Dhulanbh Hai Jag Mehi Khattiaa Aae ||	This human birth is so precious; one must earn the right to come into the world.	ਮਨੁੱਖਾ ਜਨਮ ਬੜੀ ਮੁਸ਼ਕਿਲ ਨਾਲ ਮਿਲਦਾ ਹੈ, ਜਗਤ ਵਿਚ ਆ ਕੇ ਉਹ ਹੀ ਖੱਟੀ ਖੱਟਦਾ ਹੈ (ਲਾਭ ਲੈਂਦਾ ਹੈ),

24960	565	ਪੂਰੈ ਭਾਗਿ ਸਤਿਗੁਰੁ ਮਿਲੈ ਹਰਿ ਨਾਮੁ ਧਿਆਇ॥੬॥		Poorai Bhaag Sathigur Milai Har Naam Dhhiaae ||6||	By perfect destiny, I met the True Guru, and I meditate on the Lord's Name. ||6||	ਜਿਸ ਨੂੰ ਪੂਰੇ ਭਾਗਾਂ ਨਾਲ ਗੁਰੂ ਮਿਲ ਪੈਂਦਾ ਹੈ, ਤੇ ਉਹ ਪਰਮਾਤਮਾ ਦਾ ਨਾਮ ਸਿਮਰਦਾ ਹੈ ॥੬॥
24961	565	ਮਨਮੁਖ ਭੂਲੇ ਬਿਖੁ ਲਗੇ ਅਹਿਲਾ ਜਨਮੁ ਗਵਾਇਆ॥	(ਅਹਿਲਾ) ਬੇਅਰਥ, ਸੁੰਦਰ। ਲੱਗੇ	Manamukh Bhoolae Bikh Lagae Ahilaa Janam Gavaaeiaa ||	The self-willed manmukhs are deluded; attached to corruption, they waste away their lives in vain.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਕੁਰਾਹੇ ਪਏ ਰਹਿੰਦੇ ਹਨ, (ਵਿਕਾਰਾਂ ਦੇ) ਜ਼ਹਿਰ ਵਿਚ ਮਸਤ ਰਹਿੰਦੇ ਹਨ, ਤੇ ਕੀਮਤੀ ਜੀਵਨ ਗਵਾ ਲੈਂਦੇ ਹਨ।
24962	565	ਹਰਿ ਕਾ ਨਾਮੁ ਸਦਾ ਸੁਖਸਾਗਰੁ ਸਾਚਾ ਸਬਦੁ ਨ ਭਾਇਆ॥੭॥		Har Kaa Naam Sadhaa Sukh Saagar Saachaa Sabadh N Bhaaeiaa ||7||	The Name of the Lord is forever an ocean of peace, but the manmukhs do not love the Word of the Shabad. ||7||	ਹਰਿ-ਨਾਮ ਜੋ ਸਦਾ ਲਈ ਸੁਖਾਂ ਨਾਲ ਭਰਪੂਰ ਹੈ, ਪਰ ਉਹਨਾਂ ਨੂੰ ਹਰੀ ਦੀ ਸਿਫ਼ਤ-ਸਾਲਾਹ ਵਾਲਾ ਗੁਰ-ਸ਼ਬਦ ਚੰਗਾ ਨਹੀਂ ਲੱਗਦਾ ॥੭॥
24963	565	ਮੁਖਹੁ ਹਰਿ ਹਰਿ ਸਭੁ ਕੋ ਕਰੈ ਵਿਰਲੈ ਹਿਰਦੈ ਵਸਾਇਆ॥		Mukhahu Har Har Sabh Ko Karai Viralai Hiradhai Vasaaeiaa ||	Everyone can chant the Name of the Lord, Har, Har with their mouths, but only a few enshrine it within their hearts.	ਮੂੰਹ ਨਾਲ (ਬਾਹਰੋਂ ਬਾਹਰੋਂ) ਤਾਂ ਹਰੇਕ ਪਰਮਾਤਮਾ ਦਾ ਨਾਮ ਉਚਾਰ ਦੇਂਦਾ ਹੈ, ਪਰ ਕਿਸੇ ਵਿਰਲੇ ਨੇ ਹਰਿ-ਨਾਮ ਆਪਣੇ ਹਿਰਦੇ ਵਿਚ ਵਸਾਇਆ ਹੈ।

24964	565	ਨਾਨਕ ਜਿਨ ਕੈ ਹਿਰਦੈ ਵਸਿਆ ਮੋਖ ਮੁਕਤਿ ਤਿਨ੍ ਪਾਇਆ॥੮॥੨॥		Naanak Jin Kai Hiradhai Vasiaa Mokh Mukath Thinh Paaeiaa ||8||2||	O Nanak, those who enshrine the Lord within their hearts, attain liberation and emancipation. ||8||2||	ਹੇ ਨਾਨਕ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ ਉਹ ਮਨੁੱਖ ਵਿਕਾਰਾਂ ਤੋਂ ਖ਼ਲਾਸੀ ਪ੍ਰਾਪਤ ਕਰ ਲੈਂਦੇ ਹਨ ॥੮॥੨॥
24965	565	ਵਡਹੰਸੁ ਮਹਲਾ ੧ ਛੰਤ		Vaddehans Mehalaa 1 Shhantha	Wadahans, First Mehl, Chhant:	ਰਾਗ ਵਡਹੰਸ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਛੰਤ'।
24966	565	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
24967	565	ਕਾਇਆ ਕੂੜਿ ਵਿਗਾੜਿ ਕਾਹੇ ਨਾਈਐ॥	ਨ੍ਹਾਈਐ	Kaaeiaa Koorr Vigaarr Kaahae Naaeeai ||	Why bother to wash the body, polluted by falsehood?	ਸਰੀਰ (ਹਿਰਦੇ) ਨੂੰ ਮਾਇਆ ਦੇ ਮੋਹ ਵਿਚ ਗੰਦਾ ਕਰ ਕੇ (ਤੀਰਥ-) ਇਸ਼ਨਾਨ ਕਰਨ ਦਾ ਕੋਈ ਲਾਭ ਨਹੀਂ ਹੈ।
24968	565	ਨਾਤਾ ਸੋ ਪਰਵਾਣੁ ਸਚੁ ਕਮਾਈਐ॥	ਨ੍ਹਾਤਾ	Naathaa So Paravaan Sach Kamaaeeai ||	One's cleansing bath is only approved, if he practices Truth.	ਕੇਵਲ ਉਸ ਮਨੁੱਖ ਦਾ ਨਹਾਉਣਾ ਕਬੂਲ ਹੈ ਜੋ ਸਦਾ-ਥਿਰ ਪ੍ਰਭੂ-ਨਾਮ ਸਿਮਰਨ ਦੀ ਕਮਾਈ ਕਰਦਾ ਹੈ।
24969	565	ਜਬ ਸਾਚ ਅੰਦਰਿ ਹੋਇ ਸਾਚਾ ਤਾਮਿ ਸਾਚਾ ਪਾਈਐ॥	(ਤਾਮਿ) ਤਦੋਂ	Jab Saach Andhar Hoe Saachaa Thaam Saachaa Paaeeai ||	When there is Truth within the heart, then one becomes True, and obtains the True Lord.	ਜਦੋਂ ਸਦਾ-ਥਿਰ ਪ੍ਰਭੂ ਹਿਰਦੇ ਵਿੱਚ ਆ ਵਸਦਾ ਹੈ ਤਦੋਂ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਮਿਲਦਾ ਹੈ।

24970	566	ਲਿਖੇ ਬਾਝਹੁ ਸੁਰਤਿ ਨਾਹੀ ਬੋਲਿ ਬੋਲਿ ਗਵਾਈਐ॥		Likhae Baajhahu Surath Naahee Bol Bol Gavaaeeai ||	Without pre-ordained destiny, understanding is not attained; talking and babbling, one wastes his life away.	ਪਰ ਪ੍ਰਭੂ ਦੇ ਹੁਕਮ ਤੋਂ ਬਿਨਾ ਮਨੁੱਖ ਦੀ ਸੁਰਤ ਉੱਚੀ ਨਹੀਂ ਹੋ ਸਕਦੀ, ਨਿਰੀਆਂ ਜ਼ਬਾਨੀ (ਗਿਆਨ ਦੀਆਂ) ਗੱਲਾਂ ਕਰਨਾ ਵਿਅਰਥ ਹੈ।
24971	566	ਜਿਥੈ ਜਾਇ ਬਹੀਐ ਭਲਾ ਕਹੀਐ ਸੁਰਤਿ ਸਬਦੁ ਲਿਖਾਈਐ॥		Jithhai Jaae Beheeai Bhalaa Keheeai Surath Sabadh Likhaaeeai ||	Wherever you go and sit, speak well, and write the Word of the Shabad in your consciousness.	ਜਿਥੇ ਭੀ ਜਾ ਕੇ ਬੈਠੀਏ, ਪ੍ਰਭੂ ਦੀ ਸਿਫ਼ਤ-ਸਾਲਾਹ ਕਰੀਏ ਤੇ ਆਪਣੀ ਸੁਰਤ ਵਿਚ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਵਿੱਚ ਪ੍ਰੋਈਏ।
24972	566	ਕਾਇਆ ਕੂੜਿ ਵਿਗਾੜਿ ਕਾਹੇ ਨਾਈਐ॥੧॥		Kaaeiaa Koorr Vigaarr Kaahae Naaeeai ||1||	Why bother to wash the body which is polluted by falsehood? ||1||	(ਨਹੀਂ ਤਾਂ) ਹਿਰਦੇ ਨੂੰ ਮਾਇਆ ਦੇ ਮੋਹ ਵਿਚ ਮੈਲਾ ਕਰ ਕੇ (ਤੀਰਥ-) ਇਸ਼ਨਾਨ ਦਾ ਕੀਹ ਲਾਭ? ॥੧॥
24973	566	ਤਾ ਮੈ ਕਹਿਆ ਕਹਣੁ ਜਾ ਤੁਝੈ ਕਹਾਇਆ॥		Thaa Mai Kehiaa Kehan Jaa Thujhai Kehaaeiaa ||	When I have spoken, I spoke as You made me speak.	(ਪ੍ਰਭੂ!) ਮੈਂ ਤਦੋਂ ਹੀ ਤੇਰੀ ਸਿਫ਼ਤ-ਸਾਲਾਹ ਕਰ ਸਕਦਾ ਹਾਂ ਜਦੋਂ ਤੂੰ ਆਪ ਪ੍ਰੇਰਨਾ ਕਰਦਾ ਹੈਂ।
24974	566	ਅੰਮ੍ਰਿਤੁ ਹਰਿ ਕਾ ਨਾਮੁ ਮੇਰੈ ਮਨਿ ਭਾਇਆ॥		Anmrith Har Kaa Naam Maerai Man Bhaaeiaa ||	The Ambrosial Name of the Lord is pleasing to my mind.	ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਮੇਰੇ ਮਨ ਵਿਚ ਪਿਆਰਾ ਲੱਗ ਸਕਦਾ ਹੈ।

24975	566	ਨਾਮੁ ਮੀਠਾ ਮਨਹਿ ਲਾਗਾ ਦੂਖਿ ਡੇਰਾ ਢਾਹਿਆ॥		Naam Meethaa Manehi Laagaa Dhookh Ddaeraa Dtaahiaa ||	The Naam, the Name of the Lord, seems so sweet to my mind; it has destroyed the dwelling of pain.	ਜਦੋਂ ਪ੍ਰਭੂ ਦਾ ਨਾਮ ਮਨ ਵਿਚ ਮਿੱਠਾ ਲੱਗਣ ਲਗ ਪਿਆ ਤਦੋਂ ਦੁੱਖ ਨੇ ਆਪਣਾ ਡੇਰਾ ਚੁੱਕ ਲਿਆ (ਸਮਝੋ)।
24976	566	ਸੂਖੁ ਮਨ ਮਹਿ ਆਇ ਵਸਿਆ ਜਾਮਿ ਤੈ ਫੁਰਮਾਇਆ॥	(ਜਾਮਿ) ਜਦੋਂ	Sookh Man Mehi Aae Vasiaa Jaam Thai Furamaaeiaa ||	Peace came to dwell in my mind, when You gave the Order.	(ਹੇ ਪ੍ਰਭੂ!) ਜਦੋਂ ਤੂੰ ਹੁਕਮ ਕੀਤਾ ਤਦੋਂ ਆਤਮਕ ਆਨੰਦ ਮੇਰੇ ਮਨ ਵਿਚ ਆ ਵੱਸਦਾ ਹੈ।
24977	566	ਨਦਰਿ ਤੁਧੁ ਅਰਦਾਸਿ ਮੇਰੀ ਜਿੰਨਿ ਆਪੁ ਉਪਾਇਆ॥		Nadhar Thudhh Aradhaas Maeree Jinn Aap Oupaaeiaa ||	It is Yours to bestow Your Grace, and it is mine to speak this prayer; You created Yourself.	ਹੇ ਪ੍ਰਭੂ, ਜਿਸ ਨੇ ਆਪਣੇ ਆਪ ਹੀ ਜਗਤ ਪੈਦਾ ਕੀਤਾ ਹੈ, ਜਦੋਂ ਤੂੰ ਮੈਨੂੰ ਪ੍ਰੇਰਨਾ ਕਰਦਾ ਹੈਂ ਤਦੋਂ ਹੀ ਮੈਂ ਤੇਰੀ ਸਿਫ਼ਤ-ਸਾਲਾਹ ਕਰ ਸਕਦਾ ਹਾਂ।
24978	566	ਤਾ ਮੈ ਕਹਿਆ ਕਹਣੁ ਜਾ ਤੁਝੈ ਕਹਾਇਆ॥੨॥		Thaa Mai Kehiaa Kehan Jaa Thujhai Kehaaeiaa ||2||	When I have spoken, I spoke as You made me speak. ||2||	ਮੇਰੀ ਤਾਂ ਤੇਰੇ ਦਰ ਤੇ ਅਰਜ਼ੋਈ ਹੀ ਹੁੰਦੀ ਹੈ, ਮੇਹਰ ਦੀ ਨਜ਼ਰ ਤੂੰ ਆਪ ਕਰਦਾ ਹੈਂ ॥੨॥
24979	566	ਵਾਰੀ ਖਸਮੁ ਕਢਾਏ ਕਿਰਤੁ ਕਮਾਵਣਾ॥		Vaaree Khasam Kadtaaeae Kirath Kamaavanaa ||	The Lord and Master gives them their turn, according to the deeds they have done.	ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਖਸਮ-ਪ੍ਰਭੂ ਹਰੇਕ ਨੂੰ ਮਨੁੱਖਾ ਜਨਮ ਦੀ ਵਾਰੀ ਦੇਂਦਾ ਹੈ।

24980	566	ਮੰਦਾ ਕਿਸੈ ਨ ਆਖਿ ਝਗੜਾ ਪਾਵਣਾ॥		Mandhaa Kisai N Aakh Jhagarraa Paavanaa ||	Do not speak ill of others, or get involved in arguments.	ਕਿਸੇ ਮਨੁੱਖ ਨੂੰ ਭੈੜਾ ਆਖ ਕੇ ਕੋਈ ਝਗੜਾ ਖੜਾ ਨਹੀਂ ਕਰਨਾ ਚਾਹੀਦਾ (ਭਾਵ, ਭੈੜੇ ਦੀ ਨਿੰਦਿਆਂ ਕਰਨਾ ਪ੍ਰਭੂ ਨਾਲ ਝਗੜਾ ਕਰਨਾ ਹੈ)।
24981	566	ਨਹ ਪਾਇ ਝਗੜਾ ਸੁਆਮਿ ਸੇਤੀ ਆਪਿ ਆਪੁ ਵਞਾਵਣਾ॥	(ਵਞਾਵਣਾ) ਗੁਆਉਣਾ	Neh Paae Jhagarraa Suaam Saethee Aap Aap Vanjaavanaa ||	Do not get into arguments with the Lord, or you shall ruin yourself.	ਮਾਲਕ-ਪ੍ਰਭੂ ਨਾਲ ਝਗੜਾ ਨਹੀਂ ਪਾਣਾ ਚਾਹੀਦਾ, ਇਸ ਤਰ੍ਹਾਂ ਤਾਂ ਆਪਣੇ ਆਪ ਨੂੰ ਆਪ ਹੀ ਤਬਾਹ ਕਰੀਦਾ ਹੈ।
24982	566	ਜਿਸੁ ਨਾਲਿ ਸੰਗਤਿ ਕਰਿ ਸਰੀਕੀ ਜਾਇ ਕਿਆ ਰੂਆਵਣਾ॥		Jis Naal Sangath Kar Sareekee Jaae Kiaa Rooaavanaa ||	If you challenge the One, with whom you must abide, you will cry in the end.	ਜਿਸ ਮਾਲਕ ਦੇ ਸੰਗ ਜੀਊਣਾ ਹੈ, ਉਸੇ ਨਾਲ ਸ਼ਰੀਕਾ ਕਰ ਕੇ ਕਿਉਂ ਰੋਈਏ?
24983	566	ਜੋ ਦੇਇ ਸਹਣਾ ਮਨਹਿ ਕਹਣਾ ਆਖਿ ਨਾਹੀ ਵਾਵਣਾ॥	(ਮਨਹਿ) ਵਰਜਿਤ। (ਵਾਵਣਾ) ਬਕਣਾ	Jo Dhaee Sehanaa Manehi Kehanaa Aakh Naahee Vaavanaa ||	Be satisfied with what God gives you; tell your mind not to complain uselessly.	ਪਰਮਾਤਮਾ ਜੋ (ਸੁਖ ਦੁਖ) ਦੇਂਦਾ ਹੈ ਉਹ (ਖਿੜੇ-ਮੱਥੇ) ਸਹਾਰਨਾ ਚਾਹੀਦਾ ਹੈ, ਗਿਲਾ-ਗੁਜ਼ਾਰੀ ਦੇ ਬੋਲ ਨਹੀਂ ਕਰਨੇ ਚਾਹੀਦੇ।
24984	566	ਵਾਰੀ ਖਸਮੁ ਕਢਾਏ ਕਿਰਤੁ ਕਮਾਵਣਾ॥੩॥		Vaaree Khasam Kadtaaeae Kirath Kamaavanaa ||3||	The Lord and Master gives them their turn, according to the deeds they have done. ||3||	ਸਾਡੇ ਕੀਤੇ ਕਰਮਾਂ ਅਨੁਸਾਰ ਖਸਮ-ਪ੍ਰਭੂ ਸਾਨੂੰ ਮਨੁੱਖਾ ਜਨਮ ਦੀ ਵਾਰੀ ਦੇਂਦਾ ਹੈ ॥੩॥

24985	566	ਸਭ ਉਪਾਈਅਨੁ ਆਪਿ ਆਪੇ ਨਦਰਿ ਕਰੇ॥		Sabh Oupaaeean Aap Aapae Nadhar Karae ||	He Himself created all, and He blesses then with His Glance of Grace.	ਸਾਰੀ ਸ੍ਰਿਸ਼ਟੀ ਪਰਮਾਤਮਾ ਨੇ ਆਪ ਪੈਦਾ ਕੀਤੀ ਹੈ, ਆਪ ਹੀ ਹਰੇਕ ਜੀਵ ਉਤੇ ਮੇਹਰ ਦੀ ਨਿਗਾਹ ਕਰਦਾ ਹੈ।
24986	566	ਕਉੜਾ ਕੋਇ ਨ ਮਾਗੈ ਮੀਠਾ ਸਭ ਮਾਗੈ॥		Kourraa Koe N Maagai Meethaa Sabh Maagai ||	No one asks for that which is bitter; everyone asks for sweets.	ਕੋਈ ਜੀਵ ਕੌੜੀ (ਦੁੱਖ ਵਾਲੀ) ਚੀਜ਼ ਨਹੀਂ ਮੰਗਦਾ, ਹਰੇਕ ਮਿੱਠੀ (ਸੁਖਦਾਈ) ਚੀਜ਼ ਹੀ ਮੰਗਦਾ ਹੈ।
24987	566	ਸਭੁ ਕੋਇ ਮੀਠਾ ਮੰਗਿ ਦੇਖै ਖਸਮ ਭਾਵै ਸੋ ਕਰੇ॥		Sabh Koe Meethaa Mang Dhaekhai Khasam Bhaavai So Karae ||	Let everyone ask for sweets, and behold, it is as the Lord wills.	ਹਰੇਕ ਜੀਵ ਮਿੱਠੇ (ਸੁੱਖਦਾਈ) ਪਦਾਰਥਾਂ ਦੀ ਮੰਗ ਹੀ ਮੰਗਦਾ ਹੈ, ਪਰ ਖਸਮ-ਪ੍ਰਭੂ ਉਹੀ ਕੁਝ ਕਰਦਾ ਹੈ ਜੋ ਉਸ ਨੂੰ ਚੰਗਾ ਜਾਪਦਾ ਹੈ।
24988	566	ਕਿਛੁ ਪੁੰਨ ਦਾਨ ਅਨੇਕ ਕਰਣੀ ਨਾਮ ਤੁਲਿ ਨ ਸਮਸਰੇ॥	(ਸਮ-ਸਰੇ)ਬਰਾਬਰ	Kishh Punn Dhaan Anaek Karanee Naam Thul N Samasarae ||	Giving donations to charity, and performing various religious rituals are not equal to the contemplation of the Naam.	ਜੀਵ ਦਾਨ-ਪੁੰਨ ਕਰਦੇ ਹਨ, ਇਹੋ ਜਿਹੇ ਹੋਰ ਭੀ ਅਨੇਕਾਂ ਧਾਰਮਿਕ ਕੰਮ ਕਰਦੇ ਹਨ, ਪਰ ਪਰਮਾਤਮਾ ਦੇ ਨਾਮ(-ਜਪਣ) ਦੇ ਬਰਾਬਰ ਹੋਰ ਕੋਈ ਉੱਦਮ ਨਹੀਂ ਹੈ।
24989	566	ਨਾਨਕਾ ਜਿਨ ਨਾਮੁ ਮਿਲਿਆ ਕਰਮੁ ਹੋਆ ਧੁਰਿ ਕਦੇ॥	(ਕਦੇ) ਜਦੋਂ, ਚਿਰੋਕਣਾ	Naanakaa Jin Naam Miliaa Karam Hoaa Dhhur Kadhae ||	O Nanak, those who are blessed with the Naam have had such good karma pre-ordained.	ਹੇ ਨਾਨਕ! ਜਿਨ੍ਹਾਂ ਬੰਦਿਆਂ ਉਤੇ ਧੁਰੋਂ ਪਰਮਾਤਮਾ ਵਲੋਂ ਕਦੇ ਬਖ਼ਸ਼ਸ਼ ਹੁੰਦੀ ਹੈ ਉਹਨਾਂ ਨੂੰ ਨਾਮ ਦੀ ਦਾਤ ਮਿਲਦੀ ਹੈ।

24990	566	ਸਭ ਉਪਾਈਅਨੁ ਆਪਿ ਆਪੇ ਨਦਰਿ ਕਰੇ॥੪॥੧॥		Sabh Oupaaeean Aap Aapae Nadhar Karae ||4||1||	He Himself created all, and He blesses them with His Glance of Grace. ||4||1||	ਇਹ ਸਾਰਾ ਜਗਤ ਪ੍ਰਭੂ ਨੇ ਆਪ ਹੀ ਪੈਦਾ ਕੀਤਾ ਹੈ ਤੇ ਆਪ ਹੀ ਸਭ ਉਤੇ ਮੇਹਰ ਦੀ ਨਜ਼ਰ ਕਰਦਾ ਹੈ ॥੪॥੧॥
24991	566	ਵਡਹੰਸੁ ਮਹਲਾ ੧॥		Vaddehans Mehalaa 1 ||	Wadahans, First Mehl:	
24992	566	ਕਰਹੁ ਦਇਆ ਤੇਰਾ ਨਾਮੁ ਵਖਾਣਾ॥		Karahu Dhaeiaa Thaeraa Naam Vakhaanaa ||	Show mercy to me, that I may chant Your Name.	ਹੇ ਪ੍ਰਭੂ! ਮੇਹਰ ਕਰ ਕਿ ਮੈਂ ਤੇਰਾ ਨਾਮ ਸਿਮਰ ਸਕਾਂ।
24993	566	ਸਭ ਉਪਾਈਐ ਆਪਿ ਆਪੇ ਸਰਬ ਸਮਾਣਾ॥		Sabh Oupaaeeai Aap Aapae Sarab Samaanaa ||	You Yourself created all, and You are pervading among all.	ਤੂੰ ਸਾਰੀ ਸ੍ਰਿਸ਼ਟੀ ਆਪ ਹੀ ਪੈਦਾ ਕੀਤੀ ਹੈ ਤੇ ਆਪ ਹੀ ਸਭ ਜੀਵਾਂ ਵਿਚ ਵਿਆਪਕ ਹੈਂ।
24994	566	ਸਰਬੇ ਸਮਾਣਾ ਆਪਿ ਤੂਹੈ ਉਪਾਇ ਧੰਧੈ ਲਾਈਆ॥		Sarabae Samaanaa Aap Thoohai Oupaae Dhhandhhai Laaeeaa ||	You Yourself are pervading among all, and You link them to their tasks.	ਤੂੰ ਆਪ ਹੀ ਸਭ ਜੀਵਾਂ ਵਿਚ ਸਮਾਇਆ ਹੋਇਆ ਹੈਂ, ਪੈਦਾ ਕਰ ਕੇ ਤੂੰ ਆਪ ਹੀ ਸ੍ਰਿਸ਼ਟੀ ਨੂੰ ਮਾਇਆ ਦੀ ਦੌੜ-ਭੱਜ ਵਿਚ ਲਾਇਆ ਹੋਇਆ ਹੈ।

24995	566	ਇਕਿ ਤੁਝ ਹੀ ਕੀਏ ਰਾਜੇ ਇਕਨਾ ਭਿਖ ਭਵਾਈਆ॥		Eik Thujh Hee Keeeae Raajae Eikanaa Bhikh Bhavaaeeaa ||	Some, You have made kings, while others go about begging.	ਕਈ ਜੀਵਾਂ ਨੂੰ ਤੂੰ ਆਪ ਹੀ ਰਾਜੇ ਬਣਾ ਦਿੱਤਾ ਹੈ, ਤੇ ਕਈ ਜੀਵਾਂ ਨੂੰ (ਮੰਗਤੇ ਬਣਾ ਕੇ) ਭਿੱਖਿਆ ਮੰਗਣ ਵਾਸਤੇ (ਦਰ ਦਰ) ਭਵਾ ਰਿਹਾ ਹੈਂ।
24996	566	ਲੋਭੁ ਮੋਹੁ ਤੁਝੁ ਕੀਆ ਮੀਠਾ ਏਤੁ ਭਰਮਿ ਭੁਲਾਣਾ॥		Lobh Mohu Thujh Keeaa Meethaa Eaeth Bharam Bhulaanaa ||	You have made greed and emotional attachment seem sweet; they are deluded by this delusion.	ਹੇ ਪ੍ਰਭੂ! ਤੂੰ ਲੋਭ ਅਤੇ ਮੋਹ ਨੂੰ ਮਿੱਠਾ ਬਣਾ ਦਿੱਤਾ ਹੈ, ਜਗਤ ਇਸ ਭਟਕਣਾ ਵਿਚ ਪੈ ਕੇ ਕੁਰਾਹੇ ਪੈ ਰਿਹਾ ਹੈ।
24997	566	ਸਦਾ ਦਇਆ ਕਰਹੁ ਅਪਣੀ ਤਾਮਿ ਨਾਮੁ ਵਖਾਣਾ॥੧॥	(ਤਾਮਿ) ਤਦੋਂ ਹੀ	Sadhaa Dhaeiaa Karahu Apanee Thaam Naam Vakhaanaa ||1||	Be ever merciful to me; only then can I chant Your Name. ||1||	ਜੇ ਤੂੰ ਸਦਾ ਆਪਣੀ ਮੇਹਰ ਕਰਦਾ ਰਹੇਂ ਤਾਂ ਹੀ ਮੈਂ ਤੇਰਾ ਨਾਮ ਸਿਮਰ ਸਕਦਾ ਹਾਂ ॥੧॥
24998	566	ਨਾਮੁ ਤੇਰਾ ਹੈ ਸਾਚਾ ਸਦਾ ਮੈ ਮਨਿ ਭਾਣਾ॥		Naam Thaeraa Hai Saachaa Sadhaa Mai Man Bhaanaa ||	Your Name is True, and ever pleasing to my mind.	ਹੇ ਪ੍ਰਭੂ! ਤੇਰਾ ਨਾਮ ਸਦਾ-ਥਿਰ ਰਹਿਣ ਵਾਲਾ ਹੈ, ਤੇਰਾ ਨਾਮ ਮੈਨੂੰ ਮਨ ਵਿਚ ਪਿਆਰਾ ਲੱਗਦਾ ਹੈ।
24999	566	ਦੂਖੁ ਗਇਆ ਸੁਖੁ ਆਇ ਸਮਾਣਾ॥	ਗ-ਇਆ	Dhookh Gaeiaa Sukh Aae Samaanaa ||	My pains are dispelled, and I am permeated with peace.	(ਨਾਮ ਸਿਮਰਨ ਨਾਲ) ਦੁਖ ਦੂਰ ਹੋ ਜਾਂਦਾ ਹੈ ਤੇ ਆਤਮਕ ਆਨੰਦ ਅੰਦਰ ਆ ਵੱਸਦਾ ਹੈ।

25000	566	ਗਾਵਨਿ ਸੁਰਿ ਨਰ ਸੁਘੜ ਸੁਜਾਣਾ॥		Gaavan Sur Nar Sugharr Sujaanaa ||	The angels, the mortals and the silent sages sing of You.	ਭਾਗਾਂ ਵਾਲੇ ਸੁਚੱਜੇ ਸਿਆਣੇ ਮਨੁੱਖ ਤੇਰੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਹਨ।
25001	566	ਸੁਰਿ ਨਰ ਸੁਘੜ ਸੁਜਾਣ ਗਾਵਹਿ ਜੋ ਤੇਰੈ ਮਨਿ ਭਾਵਹੇ॥	ਭਾਵ-ਹੇ	Sur Nar Sugharr Sujaan Gaavehi Jo Thaerai Man Bhaavehae ||	The angels, the mortals and the silent sages sing of You; they are pleasing to Your Mind.	ਹੇ ਪ੍ਰਭੂ! ਜੇਹੜੇ ਬੰਦੇ ਤੇਰੇ ਮਨ ਵਿਚ ਪਿਆਰੇ ਲੱਗਦੇ ਹਨ ਉਹ ਭਾਗਾਂ ਵਾਲੇ ਸੁਚੱਜੇ ਸਿਆਣੇ ਤੇਰੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਹਨ।
25002	566	ਮਾਇਆ ਮੋਹੇ ਚੇਤਹਿ ਨਾਹੀ ਅਹਿਲਾ ਜਨਮੁ ਗਵਾਵਹੇ॥	ਗਵਾਵ-ਹੇ	Maaeiaa Mohae Chaethehi Naahee Ahilaa Janam Gavaavehae ||	Enticed by Maya, they do not remember the Lord, and they waste away their lives in vain.	ਪਰ ਮਾਇਆ ਵਿਚ ਮੋਹੇ ਹੋਇਆਂ ਨੂੰ ਤੇਰੀ ਯਾਦ ਨਹੀਂ ਆਉਂਦੀ ਤੇ ਉਹ ਆਪਣਾ ਅਮੋਲਕ ਜਨਮ ਗਵਾ ਲੈਂਦੇ ਹਨ।
25003	566	ਇਕਿ ਮੂੜ ਮੁਗਧ ਨ ਚੇਤਹਿ ਮੂਲੇ ਜੋ ਆਇਆ ਤਿਸੁ ਜਾਣਾ॥		Eik Moorr Mugadhh N Chaethehi Moolae Jo Aaeiaa This Jaanaa ||	Some fools and idiots never think of the Lord; whoever has come, shall have to go.	ਅਨੇਕਾਂ ਐਸੇ ਮੂਰਖ ਮਨੁੱਖ ਹਨ ਜੋ, ਹੇ ਪ੍ਰਭੂ! ਤੈਨੂੰ ਯਾਦ ਨਹੀਂ ਕਰਦੇ। ਜੇਹੜਾ ਜਗਤ ਵਿਚ ਜੰਮਿਆ ਹੈ ਉਸ ਨੇ ਚਲੇ (ਮਰ) ਜਾਣਾ ਹੈ।
25004	566	ਨਾਮੁ ਤੇਰਾ ਸਦਾ ਸਾਚਾ ਸੋਇ ਮੈ ਮਨਿ ਭਾਣਾ॥੨॥		Naam Thaeraa Sadhaa Saachaa Soe Mai Man Bhaanaa ||2||	Your Name is True, and ever pleasing to my mind. ||2||	ਹੇ ਪ੍ਰਭੂ! ਤੇਰਾ ਨਾਮ ਸਦਾ ਹੀ ਥਿਰ ਰਹਿਣ ਵਾਲਾ ਹੈ, ਤੇਰਾ ਨਾਮ ਮੇਰੇ ਮਨ ਵਿਚ ਪਿਆਰਾ ਲੱਗ ਰਿਹਾ ਹੈ ॥੨॥

25005	566	ਤੇਰਾ ਵਖਤੁ ਸੁਹਾਵਾ ਅੰਮ੍ਰਿਤੁ ਤੇਰੀ ਬਾਣੀ॥		Thaeraa Vakhath Suhaavaa Anmrith Thaeree Baanee ||	Beauteous is Your time, O Lord; the Bani of Your Word is Ambrosial Nectar.	(ਹੇ ਪ੍ਰਭੂ!) ਤੇਰੀ ਸਿਫ਼ਤ-ਸਾਲਾਹ ਦੀ ਬਾਣੀ ਅੰਮ੍ਰਿਤ ਹੈ ਤੇ ਉਹ ਵਕਤ ਬਹੁਤ ਸੁਹਾਵਣਾ ਹੈ ਜਦੋਂ ਤੇਰਾ ਨਾਮ ਚੇਤੇ ਆਉਂਦਾ ਹੈ।
25006	566	ਸੇਵਕ ਸੇਵਹਿ ਭਾਉ ਕਰਿ ਲਾਗਾ ਸਾਉ ਪਰਾਣੀ॥	(ਸਾਉ) ਰਸ	Saevak Saevehi Bhaao Kar Laagaa Saao Paraanee ||	Your servants serve You with love; these mortals are attached to Your essence.	ਜਿਨ੍ਹਾਂ ਬੰਦਿਆਂ ਨੂੰ ਤੇਰੇ ਨਾਮ ਦਾ ਰਸ ਆਉਂਦਾ ਹੈ ਉਹ ਸੇਵਕ ਪ੍ਰੇਮ ਨਾਲ ਤੇਰਾ ਨਾਮ ਸਿਮਰਦੇ ਹਨ।
25007	566	ਸਾਉ ਪ੍ਰਾਣੀ ਤਿਨਾ ਲਾਗਾ ਜਿਨੀ ਅੰਮ੍ਰਿਤੁ ਪਾਇਆ॥		Saao Praanee Thinaa Laagaa Jinee Anmrith Paaeiaa ||	Those mortals are attached to Your essence, who are blessed with the Ambrosial Name.	ਉਹਨਾਂ ਹੀ ਬੰਦਿਆਂ ਨੂੰ ਨਾਮ ਦਾ ਰਸ ਆਉਂਦਾ ਹੈ ਜਿਨ੍ਹਾਂ ਨੂੰ ਇਹ ਨਾਮ-ਅੰਮ੍ਰਿਤ ਪ੍ਰਾਪਤ ਹੁੰਦਾ ਹੈ।
25008	566	ਨਾਮਿ ਤੇਰੈ ਜੋਇ ਰਾਤੇ ਨਿਤ ਚੜਹਿ ਸਵਾਇਆ॥	ਚੜ੍-ਹਿ	Naam Thaerai Joe Raathae Nith Charrehi Savaaeiaa ||	Those who are imbued with Your Name, prosper more and more, day by day.	ਜੇਹੜੇ ਬੰਦੇ ਤੇਰੇ ਨਾਮ ਵਿਚ ਜੁੜਦੇ ਹਨ ਉਹ (ਆਤਮਕ ਜੀਵਨ ਦੀ ਉੱਨਤੀ ਵਿਚ) ਸਦਾ ਵਧਦੇ ਫੁੱਲਦੇ ਰਹਿੰਦੇ ਹਨ।
25009	566	ਇਕੁ ਕਰਮੁ ਧਰਮੁ ਨ ਹੋਇ ਸੰਜਮੁ ਜਾਮਿ ਨ ਏਕੁ ਪਛਾਣੀ॥	(ਜਾਮਿ) ਜਦੋਂ ਤੱਕ	Eik Karam Dhharam N Hoe Sanjam Jaam N Eaek Pashhaanee ||	Some do not practice good deeds, or live righteously; nor do they practice self-restraint. They do not realize the One Lord.	ਜਦੋਂ ਤਕ ਮੈਂ ਇਕ ਤੇਰੇ ਨਾਲ ਡੂੰਘੀ ਸਾਂਝ ਨਹੀਂ ਪਾਂਦਾ ਤਦੋਂ ਤਕ ਹੋਰ ਕੋਈ ਇੱਕ ਭੀ ਧਰਮ-ਕਰਮ ਕੋਈ ਇੱਕ ਭੀ ਸੰਜਮ ਕਿਸੇ ਅਰਥ ਨਹੀਂ।

25010	566	ਵਖਤੁ ਸੁਹਾਵਾ ਸਦਾ ਤੇਰਾ ਅੰਮ੍ਰਿਤ ਤੇਰੀ ਬਾਣੀ॥੩॥		Vakhath Suhaavaa Sadhaa Thaeraa Anmrith Thaeree Baanee ||3||	Ever beauteous is Your time, O Lord; the Bani of Your Word is Ambrosial Nectar. ||3||	ਤੇਰੀ ਸਿਫ਼ਤ-ਸਾਲਾਹ ਦੀ ਬਾਣੀ ਆਤਮਕ ਜੀਵਨ-ਦਾਤੀ ਹੈ ਤੇ ਉਹ ਵੇਲਾ ਬਹੁਤ ਸੁਹਾਵਣਾ ਲੱਗਦਾ ਹੈ ਜਦੋਂ ਤੇਰਾ ਨਾਮ ਸਿਮਰੀਦਾ ਹੈ ॥੩॥
25011	566	ਹਉ ਬਲਿਹਾਰੀ ਸਾਚੇ ਨਾਵੈ॥		Ho Balihaaree Saachae Naavai ||	I am a sacrifice to the True Name.	(ਹੇ ਪ੍ਰਭੂ!) ਮੈਂ ਤੇਰੇ ਸਦਾ-ਥਿਰ ਰਹਿਣ ਵਾਲੇ ਨਾਮ ਤੋਂ ਕੁਰਬਾਨ ਜਾਂਦਾ ਹਾਂ।
25012	567	ਰਾਜੁ ਤੇਰਾ ਕਬਹੁ ਨ ਜਾਵੈ॥		Raaj Thaeraa Kabahu N Jaavai ||	Your rule shall never end.	ਤੇਰਾ ਰਾਜ ਕਦੇ ਭੀ ਨਾਸ ਹੋਣ ਵਾਲਾ ਨਹੀਂ ਹੈ।
25013	567	ਰਾਜੋ ਤ ਤੇਰਾ ਸਦਾ ਨਿਹਚਲੁ ਏਹੁ ਕਬਹੁ ਨ ਜਾਵਏ॥		Raajo Th Thaeraa Sadhaa Nihachal Eaehu Kabahu N Jaaveae ||	Your rule is eternal and unchanging; it shall never come to an end.	ਤੇਰਾ ਰਾਜ ਸਦਾ ਅਟੱਲ ਰਹਿਣ ਵਾਲਾ ਹੈ, ਇਹ ਕਦੇ ਭੀ ਨਾਸ ਨਹੀਂ ਹੋ ਸਕਦਾ।
25014	567	ਚਾਕਰੁ ਤ ਤੇਰਾ ਸੋਇ ਹੋਵੈ ਜੋਇ ਸਹਜਿ ਸਮਾਵਏ॥	ਸਮਾਵ-ਏ	Chaakar Th Thaeraa Soe Hovai Joe Sehaj Samaaveae ||	He alone becomes Your servant, who contemplates You in peaceful ease.	ਉਹੀ ਮਨੁੱਖ ਤੇਰਾ ਅਸਲ ਭਗਤ-ਸੇਵਕ ਹੈ ਜੋ (ਤੇਰਾ ਨਾਮ ਸਿਮਰ ਕੇ) ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ।
25015	567	ਦੁਸਮਨੁ ਤ ਦੂਖੁ ਨ ਲਗੈ ਮੂਲੇ ਪਾਪੁ ਨੇੜਿ ਨ ਆਵਏ॥	ਆਵ-ਏ	Dhusaman Th Dhookh N Lagai Moolae Paap Naerr N Aaveae ||	Enemies and pains shall never touch him, and sin shall never draw near him.	ਕੋਈ ਉਸ ਦਾ ਵੈਰੀ ਨਹੀਂ ਬਣਦਾ, ਕੋਈ ਉਸ ਨੂੰ ਦੁੱਖ ਨਹੀਂ ਲਗਦਾ ਤੇ ਕੋਈ ਪਾਪ ਉਸ ਦੇ ਨੇੜੇ ਨਹੀਂ ਢੁਕਦਾ।

25016	567	ਹਉ ਬਲਿਹਾਰੀ ਸਦਾ ਹੋਵਾ ਏਕ ਤੇਰੇ ਨਾਵਏ॥੪॥	ਨਾਵ-ਏ	Ho Balihaaree Sadhaa Hovaa Eaek Thaerae Naaveae ||4||	I am forever a sacrifice to the One Lord, and Your Name. ||4||	ਮੈਂ ਸਦਾ ਤੇਰੇ ਹੀ ਇਕ ਨਾਮ ਤੋਂ ਸਦਕੇ ਜਾਂਦਾ ਹਾਂ ॥੪॥
25017	567	ਜੁਗਹ ਜੁਗੰਤਰਿ ਭਗਤ ਤੁਮਾਰੇ॥		Jugeh Juganthar Bhagath Thumaarae ||	Throughout the ages, Your devotees sing the Kirtan of Your Praises,	(ਹੇ ਪ੍ਰਭੂ!) ਹਰੇਕ ਜੁਗ ਵਿਚ ਹੀ ਤੇਰੇ ਭਗਤ ਮੌਜੂਦ ਰਹੇ ਹਨ।
25018	567	ਕੀਰਤਿ ਕਰਹਿ ਸੁਆਮੀ ਤੇਰੈ ਦੁਆਰੇ॥		Keerath Karehi Suaamee Thaerai Dhuaarae ||	O Lord Master, at Your Door.	ਜੋ, ਹੇ ਸੁਆਮੀ! ਤੇਰੇ ਦਰ ਤੇ ਤੇਰੀ ਸਿਫ਼ਤ-ਸਾਲਾਹ ਕਰਦੇ ਹਨ।
25019	567	ਜਪਹਿ ਤ ਸਾਚਾ ਏਕੁ ਮੁਰਾਰੇ॥		Japehi Th Saachaa Eaek Muraarae ||	They meditate on the One True Lord.	ਜੋ ਸਦਾ ਤੈਨੂੰ ਸਦਾ-ਥਿਰ ਪ੍ਰਭੂ ਨੂੰ ਸਿਮਰਦੇ ਹਨ।
25020	567	ਸਾਚਾ ਮੁਰਾਰੇ ਤਾਮਿ ਜਾਪਹਿ ਜਾਮਿ ਮੰਨਿ ਵਸਾਵਹੇ॥	ਵਸਾਵ-ਹੇ	Saachaa Muraarae Thaam Jaapehi Jaam Mann Vasaavehae ||	Only then do they meditate on the True Lord, when they enshrine Him in their minds.	ਤੈਨੂੰ ਸਦਾ-ਥਿਰ ਨੂੰ ਉਹ ਤਦੋਂ ਹੀ ਜਪ ਸਕਦੇ ਹਨ ਜਦੋਂ ਤੂੰ ਆਪ ਉਹਨਾਂ ਦੇ ਮਨ ਵਿਚ ਆਪਣਾ ਨਾਮ ਵਸਾਂਦਾ ਹੈਂ,
25021	567	ਭਰਮੋ ਭੁਲਾਵਾ ਤੁਝਹਿ ਕੀਆ ਜਾਮਿ ਏਹੁ ਚੁਕਾਵਹੇ॥	ਚੁਕਾਵ-ਹੇ	Bharamo Bhulaavaa Thujhehi Keeaa Jaam Eaehu Chukaavehae ||	Doubt and delusion are Your making; when these are dispelled,	ਤੇ ਜਦੋਂ ਤੂੰ ਉਹਨਾਂ ਦੇ ਮਨ ਵਿਚੋਂ ਮਾਇਆ ਵਾਲੀ ਭਟਕਣਾ ਦੂਰ ਕਰਦਾ ਹੈਂ ਜੋ ਤੂੰ ਆਪ ਹੀ ਪੈਦਾ ਕੀਤੀ ਹੋਈ ਹੈ।

25022	567	ਗੁਰ ਪਰਸਾਦੀ ਕਰਹੁ ਕਿਰਪਾ ਲੇਹੁ ਜਮਹੁ ਉਬਾਰੇ॥		Gur Parasaadhee Karahu Kirapaa Laehu Jamahu Oubaarae ||	Then, by Guru's Grace, You grant Your Grace, and save them from the noose of Death.	ਗੁਰੂ ਦੀ ਕਿਰਪਾ ਦੀ ਰਾਹੀਂ ਤੂੰ ਆਪਣੇ ਭਗਤਾਂ ਉੱਤੇ ਮੇਹਰ ਕਰਦਾ ਹੈਂ, ਤੇ ਉਹਨਾਂ ਨੂੰ ਜਮਾਂ ਤੋਂ ਬਚਾ ਲੈਂਦਾ ਹੈਂ।
25023	567	ਜੁਗਹ ਜੁਗੰਤਰਿ ਭਗਤ ਤੁਮਾਰੇ॥੫॥		Jugeh Juganthar Bhagath Thumaarae ||5||	Throughout the ages, they are Your devotees. ||5||	ਹਰੇਕ ਜੁਗ ਵਿਚ ਹੀ ਤੇਰੇ ਭਗਤ-ਸੇਵਕ ਮੌਜੂਦ ਰਹੇ ਹਨ ॥੫॥
25024	567	ਵਡੇ ਮੇਰੇ ਸਾਹਿਬਾ ਅਲਖ ਅਪਾਰਾ॥		Vaddae Maerae Saahibaa Alakh Apaaraa ||	O my Great Lord and Master, You are unfathomable and infinite.	ਹੇ ਮੇਰੇ ਵੱਡੇ ਮਾਲਕ! ਹੇ ਅਦ੍ਰਿਸ਼ਟ ਮਾਲਕ! ਹੇ ਬੇਅੰਤ ਮਾਲਕ!
25025	567	ਕਿਉ ਕਰਿ ਕਰਉ ਬੇਨੰਤੀ ਹਉ ਆਖਿ ਨ ਜਾਣਾ॥		Kio Kar Karo Baenanthee Ho Aakh N Jaanaa ||	How should I make and offer my prayer? I do not know what to say.	ਮੈਂ (ਤੇਰੇ ਦਰ ਤੇ) ਕਿਵੇਂ ਬੇਨਤੀ ਕਰਾਂ? ਮੈਨੂੰ ਤਾਂ ਬੇਨਤੀ ਕਰਨੀ ਭੀ ਨਹੀਂ ਆਉਂਦੀ।
25026	567	ਨਦਰਿ ਕਰਹਿ ਤਾ ਸਾਚੁ ਪਛਾਣਾ॥		Nadhar Karehi Thaa Saach Pashhaanaa ||	If You bless me with Your Glance of Grace, I realize the Truth.	ਜੇ ਤੂੰ ਆਪ (ਮੇਰੇ ਉਤੇ) ਮੇਹਰ ਦੀ ਨਿਗਾਹ ਕਰੇਂ ਤਾਂ ਹੀ ਮੈਂ ਤੇਰੇ ਸਦਾ-ਥਿਰ ਨਾਮ ਨਾਲ ਸਾਂਝ ਪਾ ਸਕਦਾ ਹਾਂ।
25027	567	ਸਾਚੋ ਪਛਾਣਾ ਤਾਮਿ ਤੇਰਾ ਜਾਮਿ ਆਪਿ ਬੁਝਾਵਹੇ॥	ਬੁਝਾਵ-ਹੇ	Saacho Pashhaanaa Thaam Thaeraa Jaam Aap Bujhaavehae ||	Only then do I come to realize the Truth, when You Yourself instruct me.	ਤੇਰਾ ਸਦਾ-ਥਿਰ ਨਾਮ ਮੈਂ ਤਦੋਂ ਹੀ ਪਛਾਣ ਸਕਦਾ ਹਾਂ ਜਦੋਂ ਤੂੰ ਆਪ ਮੈਨੂੰ ਇਹ ਸੂਝ ਬਖ਼ਸ਼ੇਂ।

25028	567	ਦੂਖ ਭੂਖ ਸੰਸਾਰਿ ਕੀਏ ਸਹਸਾ ਏਹੁ ਚੁਕਾਵਹੇ॥		Dhookh Bhookh Sansaar Keeeae Sehasaa Eaehu Chukaavehae ||	The pain and hunger of the world are Your making; dispel this doubt.	ਜਦੋਂ ਤੂੰ ਮੇਰੇ ਮਨ ਵਿਚੋਂ ਮਾਇਆ ਦੀ ਤ੍ਰਿਸ਼ਨਾ ਅਤੇ ਦੁੱਖਾਂ ਦਾ ਸਹਿਮ ਦੂਰ ਕਰੇਂ ਜੇਹੜੇ ਕਿ ਜਗਤ ਵਿਚ ਤੂੰ ਆਪ ਹੀ ਪੈਦਾ ਕੀਤੇ ਹੋਏ ਹਨ।
25029	567	ਬਿਨਵੰਤਿ ਨਾਨਕੁ ਜਾਇ ਸਹਸਾ ਬੁਝੈ ਗੁਰ ਬੀਚਾਰਾ॥	ਬੁੱਝੈ	Binavanth Naanak Jaae Sehasaa Bujhai Gur Beechaaraa ||	Prays Nanak, ones skepticism is taken away, when he understands the Guru's wisdom.	ਨਾਨਕ ਬੇਨਤੀ ਕਰਦਾ ਹੈ ਕਿ ਜਦੋਂ ਮਨੁੱਖ ਗੁਰੂ ਦੇ ਸ਼ਬਦ ਦੀ ਵਿਚਾਰ ਸਮਝਦਾ ਹੈ ਤਾਂ ਸਹਿਮ ਦੂਰ ਹੋ ਜਾਂਦਾ ਹੈ,
25030	567	ਵਡਾ ਸਾਹਿਬੁ ਹੈ ਆਪਿ ਅਲਖ ਅਪਾਰਾ॥੬॥	ਅ-ਲਖ:ਪੋਲਾ ਬੋਲੋ	Vaddaa Saahib Hai Aap Alakh Apaaraa ||6||	The Great Lord Master is unfathomable and infinite. ||6||	ਅਦ੍ਰਿਸ਼ਟ ਤੇ ਬੇਅੰਤ ਪ੍ਰਭੂ ਆਪ (ਸਭ ਜੀਵਾਂ ਦਾ) ਵੱਡਾ ਮਾਲਕ ਹੈ ॥੬॥
25031	567	ਤੇਰੇ ਬੰਕੇ ਲੋਇਣ ਦੰਤ ਰੀਸਾਲਾ॥		Thaerae Bankae Loein Dhanth Reesaalaa ||	Your eyes are so beautiful, and Your teeth are delightful.	ਤੇਰੇ ਸੁੰਦਰ ਹਨ ਨੈਣ ਅਤੇ ਰਸੀਲੇ ਦੰਦ,
25032	567	ਸੋਹਣੇ ਨਕ ਜਿਨ ਲੰਮੜੇ ਵਾਲਾ॥	ਨੱਕ	Sohanae Nak Jin Lanmarrae Vaalaa ||	Your nose is so graceful, and Your hair is so long.	ਨਕ ਸੁਨੱਖਾ ਹੈ ਅਤੇ ਜਿਸ ਦੇ ਲੰਮੇ ਕੇਸ।
25033	567	ਕੰਚਨ ਕਾਇਆ ਸੁਇਨੇ ਕੀ ਢਾਲਾ॥		Kanchan Kaaeiaa Sueinae Kee Dtaalaa ||	Your body is so precious, cast in gold.	ਸਰੀਰ ਸੋਨੇ ਵਰਗਾ ਸੁੱਧ ਅਰੋਗ ਹੈ,
25034	567	ਸੋਵੰਨ ਢਾਲਾ ਕ੍ਰਿਸਨ ਮਾਲਾ ਜਪਹੁ ਤੁਸੀ ਸਹੇਲੀਹੋ॥		Sovann Dtaalaa Kirasan Maalaa Japahu Thusee Sehaeleeho ||	His body is cast in gold, and He wears Krishna's mala; meditate on Him, O sisters.	ਤੇ ਸੋਨੇ ਦੀ ਬਣੀ ਹੋਈ ਕ੍ਰਿਸ਼ਨ-ਮਾਲਾ ਕੋਲ ਹੈ। ਤੁਸੀਂ ਉਸ (ਪ੍ਰਭੂ) ਦਾ ਆਰਾਧਨ ਕਰੋ, ਹੇ ਮੇਰੀਓ ਸਖੀਓ!

25035	567	ਜਮ ਦੁਆਰਿ ਨ ਹੋਹੁ ਖੜੀਆ ਸਿਖ ਸੁਣਹੁ ਮਹੇਲੀਹੋ॥	(ਮਹੇਲੀਹੋ) ਜੀਵ ਇਸਤ੍ਰੀਓ। ਖੜ੍ਹੀਆਂ ਸਿੱਖ	Jam Dhuaar N Hohu Kharreeaa Sikh Sunahu Mehaeleeho ||	You shall not have to stand at Death's door, O sisters, if you listen to these teachings.	ਇੰਜ ਤੁਸੀਂ (ਅੰਤ ਵੇਲੇ) ਜਮ-ਰਾਜ ਦੇ ਦਰਵਾਜ਼ੇ ਤੇ ਖੜੀਆਂ ਨਹੀਂ ਹੋਵੋਗੀਆਂ, ਮੇਰੀ ਸਿੱਖਿਆ ਸੁਣੋ; ਹੇ ਜੀਵ-ਇਸਤ੍ਰੀਓ!
25036	567	ਹੰਸ ਹੰਸਾ ਬਗ ਬਗਾ ਲਹੈ ਮਨ ਕੀ ਜਾਲਾ॥	ਬੱਗ ਬੱਗਾ	Hans Hansaa Bag Bagaa Lehai Man Kee Jaalaa ||	From a crane, you shall be transformed into a swan, and the filth of your mind shall be removed.	ਇੰਜ (ਨਾਮ-ਸਿਮਰਨ ਨਾਲ) ਮਨ ਤੋਂ ਵਿਕਾਰਾਂ ਦੀ ਮੈਲ ਲਹਿ ਜਾਂਦੀ ਹੈ, ਤੇ ਪਰਮ ਬਗਲੇ ਤੋਂ ਸ੍ਰੇਸ਼ਟ ਹੰਸ ਬਣ ਜਾਈਦਾ ਹੈ (ਭਾਵ, ਨੀਚ-ਜੀਵਨ ਤੋਂ ਉੱਚੇ ਜੀਵਨ ਵਾਲੇ ਗੁਰਮੁਖ ਬਣ ਜਾਈਦਾ ਹੈ)।
25037	567	ਬੰਕੇ ਲੋਇਣ ਦੰਤ ਰੀਸਾਲਾ॥੭॥		Bankae Loein Dhanth Reesaalaa ||7||	Your eyes are so beautiful, and Your teeth are delightful. ||7||	ਉਸ ਦੇ ਸੁੰਦਰ ਹਨ ਨੈਣ ਅਤੇ ਰਸੀਲੇ ਦੰਦ ॥੭॥
25038	567	ਤੇਰੀ ਚਾਲ ਸੁਹਾਵੀ ਮਧੁਰਾੜੀ ਬਾਣੀ॥	(ਮਧੁਰਾੜੀ) ਮਿੱਠੀ	Thaeree Chaal Suhaavee Madhhuraarree Baanee ||	Your walk is so graceful, and Your speech is so sweet.	ਸੁਹਣੀ ਹੈ ਤੇਰੀ ਟੋਰ ਅਤੇ ਮਿੱਠੜੀ ਤੇਰੀ ਬੋਲੀ।
25039	567	ਕੁਹਕਨਿ ਕੋਕਿਲਾ ਤਰਲ ਜੁਆਣੀ॥	(ਕੁਹਕਨਿ)ਕੂਕਦੀਆਂ। (ਤਰਲ) ਚੜ੍ਹਦੀ (ਜੁਆਣੀ) ਜੁਆਨੀ	Kuhakan Kokilaa Tharal Juaanee ||	You coo like a songbird, and your youthful beauty is alluring.	ਤੂੰ ਕੋਇਲ ਦੀ ਤਰ੍ਹਾਂ ਕੂਕਦਾ ਹੈਂ ਅਤੇ ਚੰਚਲ ਹੈ ਤੇਰੀ ਜੁਆਨੀ।

25040	567	ਤਰਲਾ ਜੁਆਣੀ ਆਪਿ ਭਾਣੀ ਇਛ ਮਨ ਕੀ ਪੂਰੀਏ॥		Tharalaa Juaanee Aap Bhaanee Eishh Man Kee Pooreeeae ||	Your youthful beauty is so alluring; it pleases You, and it fulfills the heart's desires.	ਤੇਰੀ ਚੜ੍ਹਦੀ ਜੁਆਨੀ ਮਨ-ਭਾਉਂਦੀ ਹੈ ਤੇ ਦਿਲ ਦੀਆਂ ਖਾਹਿਸ਼ਾ ਪੂਰੀਆਂ ਕਰਦੀ ਹੈ।
25041	567	ਸਾਰੰਗ ਜਿਉ ਪਗੁ ਧਰੈ ਠਿਮਿ ਠਿਮਿ ਆਪਿ ਆਪੁ ਸੰਧੂਰਏ॥	(ਸਾਰੰਗ)ਹਾਥੀ। ਨਾਮੁ ਦੀ ਮਸਤੀ ਚ ਮਹਾਂ ਵਿਸਮਾਦ ਲੀਣ। (ਸੰਧੂ-ਰਏ) ਮਸਤ। ਵੇਪਰਵਾਹੀ ਨਾਲ (ਠਿਮਿਠਿਮਿ) ਥੰਮ੍ ਥੰਮ੍। ਪਗੁ:ਪੋਲਾ ਬੋਲੋ	Saarang Jio Pag Dhharai Thim Thim Aap Aap Sandhhooreae ||	Like an elephant, You step with Your Feet so carefully; You are satisfied with Yourself.	ਤੇਰੀ ਚਾਲ ਹੈ ਮਸਤ ਹਾਥੀ ਵਾਂਗ ਬੜੀ ਮਟਕ ਨਾਲ ਤੁਰਨ ਵਾਲੀ,
25042	567	ਸ੍ਰੀਰੰਗ ਰਾਤੀ ਫਿਰੈ ਮਾਤੀ ਉਦਕੁ ਗੰਗਾ ਵਾਣੀ॥	(ਸ੍ਰੀਰੰਗ)ਸ੍ਰੀ ਸੋਭਾ ਵਾਲੇ, (ਸ੍ਰੀ) ਸ਼੍ਰੋਮਣੀ ਰੰਗ ਅਨੰਦ ਸਰੂਪ ਵਾਹਿਗੁਰੂ। (ਉਦਕੁ) ਪਾਣੀ। (ਵਾਣੀ) ਬਣਾਵਟ। ਮੱਤੀ	Sreerang Raathee Firai Maathee Oudhak Gangaa Vaanee ||	She who is imbued with the Love of such a Great Lord, flows intoxicated, like the waters of the Ganges.	ਜੋ ਆਪਣੇ ਸ੍ਰੇਸ਼ਟ ਕੰਤ ਦੀ ਪ੍ਰੀਤ ਨਾਲ ਰੰਗੀਜੀ ਹੈ ਤੇ ਮਤਵਾਲੀ ਹੋ ਗੰਗਾ ਦੇ ਪਾਣੀ ਵਾਗੂੰ ਫਿਰਦੀ ਹੈ।
25043	567	ਬਿਨਵੰਤਿ ਨਾਨਕੁ ਦਾਸੁ ਹਰਿ ਕਾ ਤੇਰੀ ਚਾਲ ਸੁਹਾਵੀ ਮਧੁਰਾੜੀ ਬਾਣੀ॥੮॥੨॥	(ਮਧੁਰਾੜੀ) ਮਿੱਠੀ	Binavanth Naanak Dhaas Har Kaa Thaeree Chaal Suhaavee Madhhuraarree Baanee ||8||2||	Prays Nanak, I am Your slave, O Lord; Your walk is so graceful, and Your speech is so sweet. ||8||2||	ਹਰੀ ਦਾ ਦਾਸ ਨਾਨਕ ਬੇਨਤੀ ਕਰਦਾ ਹੈ ਕਿ, ਹੇ ਪ੍ਰਭੂ, ਤੇਰੀ ਚਾਲ ਸੁਹਾਵਣੀ ਹੈ ਤੇ ਤੇਰੀ ਬੋਲੀ ਮਿੱਠੀ ਮਿੱਠੀ ਹੈ ॥੮॥੨॥

25044	567	ਵਡਹੰਸੁ ਮਹਲਾ ੩ ਛੰਤ		Vaddehans Mehalaa 3 Shhantha	Wadahans, Third Mehl, Chhant:	ਰਾਗ ਵਡਹੰਸ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ 'ਛੰਤ'।
25045	567	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
25046	567	ਆਪਣੇ ਪਿਰ ਕੈ ਰੰਗਿ ਰਤੀ ਮੁਈਏ ਸੋਭਾਵੰਤੀ ਨਾਰੇ॥	(ਮੁਈਏ) ਦੁਨੀਆਂ ਵੱਲੋਂ ਮਰ ਚੁੱਕੀ। ਰੱਤੀ	Aapanae Pir Kai Rang Rathee Mueeeae Sobhaavanthee Naarae ||	Let yourself be imbued with the Love of your Husband Lord, O beautiful, mortal bride.	ਹੇ ਮਾਇਆ ਦੇ ਮੋਹ ਵਲੋਂ ਅਛੋਹ ਹੋ ਚੁਕੀ ਜੀਵ-ਇਸਤ੍ਰੀਏ! ਤੂੰ ਸੋਭਾ ਵਾਲੀ ਹੋ ਗਈ ਹੈਂ, ਕਿਉਂਕਿ ਤੂੰ ਆਪਣੇ ਪਤੀ-ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਗਈ ਹੈਂ।
25047	567	ਸਚੈ ਸਬਦਿ ਮਿਲਿ ਰਹੀ ਮੁਈਏ ਪਿਰੁ ਰਾਵੇ ਭਾਇ ਪਿਆਰੇ ॥		Sachai Sabadh Mil Rehee Mueeeae Pir Raavae Bhaae Piaarae ||	Let yourself remain merged in the True Word of the Shabad, O mortal bride; savor and enjoy the Love of your Beloved Husband Lord.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਤੂੰ ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਲੀਨ ਰਹਿੰਦੀ ਹੈਂ, ਤੈਨੂੰ ਤੇਰੇ ਇਸ ਪ੍ਰੇਮ ਪਿਆਰ ਦੇ ਕਾਰਨ ਪ੍ਰਭੂ-ਪਤੀ ਆਪਣੇ ਚਰਨਾਂ ਵਿਚ ਜੋੜੀ ਰੱਖਦਾ ਹੈ।
25048	567	ਸਚੈ ਭਾਇ ਪਿਆਰੀ ਕੰਤਿ ਸਵਾਰੀ ਹਰਿ ਹਰਿ ਸਿਉ ਨੇਹੁ ਰਚਾਇਆ॥		Sachai Bhaae Piaaree Kanth Savaaree Har Har Sio Naehu Rachaaeiaa ||	The Husband Lord embellishes His beloved bride with His True Love; she is in love with the Lord, Har, Har.	ਜੇਹੜੀ ਜੀਵ-ਇਸਤ੍ਰੀ ਨੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਪਿਆਰ ਪਾਇਆ, ਨੇਹੁ ਪੈਦਾ ਕੀਤਾ, ਪ੍ਰਭੂ-ਪਤੀ ਨੇ ਉਸ ਦਾ ਜੀਵਨ ਸੋਹਣਾ ਬਣਾ ਦਿੱਤਾ।

25049	567	ਆਪੁ ਗਵਾਇਆ ਤਾ ਪਿਰੁ ਪਾਇਆ ਗੁਰ ਕੈ ਸਬਦਿ ਸਮਾਇਆ॥		Aap Gavaaeiaa Thaa Pir Paaeiaa Gur Kai Sabadh Samaaeiaa ||	Renouncing her self-centeredness, she attains her Husband Lord, and remains merged in the Word of the Guru's Shabad.	ਜਦੋਂ ਜੀਵ-ਇਸਤ੍ਰੀ ਨੇ ਆਪਾ-ਭਾਵ ਦੂਰ ਕੀਤਾ, ਤਦੋਂ ਉਸ ਨੇ ਪ੍ਰਭੂ-ਪਤੀ ਨੂੰ ਲੱਭ ਲਿਆ ਤੇ ਗੁਰੂ ਦੇ ਸ਼ਬਦ ਨਾਲ ਲੀਨ ਹੋ ਗਈ।
25050	567	ਸਾ ਧਨ ਸਬਦਿ ਸੁਹਾਈ ਪ੍ਰੇਮ ਕਸਾਈ ਅੰਤਰਿ ਪ੍ਰੀਤਿ ਪਿਆਰੀ॥	(ਕਸਾਈ) ਖਿੱਚ	Saa Dhhan Sabadh Suhaaee Praem Kasaaee Anthar Preeth Piaaree ||	That soul bride is adorned, who is attracted by His Love, and who treasures the Love of her Beloved within her heart.	ਪ੍ਰਭੂ-ਪ੍ਰੇਮ ਦੀ ਖਿੱਚੀ ਹੋਈ ਸੁਚੱਜੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਦੀ ਰਾਹੀਂ ਸੋਹਣੇ ਜੀਵਨ ਵਾਲੀ ਬਣ ਜਾਂਦੀ ਹੈ, ਉਸ ਦੇ ਹਿਰਦੇ ਵਿਚ ਪ੍ਰਭੂ-ਚਰਨਾਂ ਦੀ ਪ੍ਰੀਤ ਟਿਕੀ ਰਹਿੰਦੀ ਹੈ।
25051	567	ਨਾਨਕ ਸਾ ਧਨ ਮੇਲਿ ਲਈ ਪਿਰਿ ਆਪੇ ਸਾਚੈ ਸਾਹਿ ਸਵਾਰੀ॥੧॥		Naanak Saa Dhhan Mael Lee Pir Aapae Saachai Saahi Savaaree ||1||	O Nanak, the Lord blends that soul bride with Himself; the True King adorns her. ||1||	ਹੇ ਨਾਨਕ! ਇਹੋ ਜਿਹੀ ਸੁਚੱਜੀ ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਨੇ ਆਪ ਹੀ ਆਪਣੇ ਨਾਲ ਮਿਲਾ ਲਿਆ ਹੈ, ਸਦਾ ਕਾਇਮ ਰਹਿਣ ਵਾਲੇ ਸ਼ਾਹ ਨੇ ਉਸ ਦਾ ਜੀਵਨ ਸੰਵਾਰ ਦਿੱਤਾ ਹੈ ॥੧॥
25052	567	ਨਿਰਗੁਣਵੰਤੜੀਏ ਪਿਰੁ ਦੇਖਿ ਹਦੂਰੇ ਰਾਮ॥		Niragunavantharreeeae Pir Dhaekh Hadhoorae Raam ||	O worthless bride, see your Husband Lord ever-present.	ਹੇ ਗੁਣ-ਹੀਣ ਜਿੰਦੇ! ਪ੍ਰਭੂ-ਪਤੀ ਨੂੰ ਆਪਣੇ ਅੰਗ-ਸੰਗ ਵੱਸਦਾ ਵੇਖਿਆ ਕਰ।

25053	567	ਗੁਰਮੁਖਿ ਜਿਨੀ ਰਾਵਿਆ ਮੁਈਏ ਪਿਰੁ ਰਵਿ ਰਹਿਆ ਭਰਪੂਰੇ ਰਾਮ॥		Guramukh Jinee Raaviaa Mueeeae Pir Rav Rehiaa Bharapoorae Raam ||	One who, as Gurmukh, enjoys her Husband Lord, O mortal bride, knows Him to be all-pervading everywhere.	ਹੇ ਮੋਈ ਹੋਈ ਜਿੰਦੇ! ਜੋ ਗੁਰੂ ਦੇ ਸਨਮੁੱਖ ਹੋ ਕੇ ਪ੍ਰਭੂ-ਪੱਤੀ ਦਾ ਸਿਮਰਨ ਕਰਦਾ ਹੈ ਉਸ ਨੂੰ ਪ੍ਰਭੂ ਪੂਰੇ ਤੌਰ ਤੇ ਵਿਆਪਕ ਦਿਖਦਾ ਹੈ।
25054	568	ਪਿਰੁ ਰਵਿ ਰਹਿਆ ਭਰਪੂਰੇ ਵੇਖੁ ਹਜੂਰੇ ਜੁਗਿ ਜੁਗਿ ਏਕੋ ਜਾਤਾ॥		Pir Rav Rehiaa Bharapoorae Vaekh Hajoorae Jug Jug Eaeko Jaathaa ||	The Lord is all-pervading everywhere; behold Him ever-present. Throughout the ages, know Him as the One.	ਪਿਆਰਾ ਪ੍ਰਭੂ ਪੂਰੇ ਤੌਰ ਤੇ ਵਿਆਪਕ ਦਿਖਦਾ ਹੈ, ਤੂੰ ਉਸ ਨੂੰ ਹਾਜ਼ਰ ਨਾਜ਼ਰ ਦੇਖ ਤੇ ਸਮਝ ਕਿ ਹਰ ਯੁਗ ਵਿੱਚ ਇਕੋ ਹੀ ਪ੍ਰਭੂ ਹੈ।
25055	568	ਧਨ ਬਾਲੀ ਭੋਲੀ ਪਿਰੁ ਸਹਜਿ ਰਾਵੈ ਮਿਲਿਆ ਕਰਮ ਬਿਧਾਤਾ॥	ਬੱਾਲੀ।ਭੋਲੀ:ਪੋਲਾ ਬੋਲੋ	Dhhan Baalee Bholee Pir Sehaj Raavai Miliaa Karam Bidhhaathaa ||	The young, innocent bride enjoys her Husband Lord; she meets Him, the Architect of karma.	ਜੇਹੜੀ ਜੀਵ-ਇਸਤ੍ਰੀ ਬਾਲ-ਭੋਲੇ ਸੁਭਾਵ ਵਾਲੀ ਬਣ ਕੇ ਤੇ ਆਤਮਕ ਅਡੋਲਤਾ ਵਿਚ ਟਿਕ ਕੇ ਪ੍ਰਭੂ-ਪਤੀ ਨੂੰ ਯਾਦ ਕਰਦੀ ਹੈ, ਉਸ ਨੂੰ ਉਹ ਸਿਰਜਣਹਾਰ ਮਿਲ ਪੈਂਦਾ ਹੈ।
25056	568	ਜਿਨਿ ਹਰਿ ਰਸੁ ਚਾਖਿਆ ਸਬਦਿ ਸੁਭਾਖਿਆ ਹਰਿ ਸਰਿ ਰਹੀ ਭਰਪੂਰੇ॥		Jin Har Ras Chaakhiaa Sabadh Subhaakhiaa Har Sar Rehee Bharapoorae ||	One who tastes the sublime essence of the Lord, and utters the sublime Word of the Shabad, remains immersed in the Lord's Ambrosial Pool.	ਜਿਸ ਨੇ ਹਰਿ-ਨਾਮ ਦਾ ਸੁਆਦ ਚੱਖ ਲਿਆ ਤੇ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੀ ਸਿਫ਼ਤ-ਸਾਲਾਹ ਕਰਨੀ ਸ਼ੁਰੂ ਕਰ ਦਿੱਤੀ, ਉਹ ਸਰੋਵਰ-ਪ੍ਰਭੂ ਵਿਚ ਹਰ ਵੇਲੇ ਚੁੱਭੀ ਲਾਈ ਰੱਖਦੀ ਹੈ।

25057	568	ਨਾਨਕ ਕਾਮਣਿ ਸਾ ਪਿਰ ਭਾਵੈ ਸਬਦੇ ਰਹੈ ਹਦੂਰੇ॥੨॥	ਕੱਾਮਣਿ	Naanak Kaaman Saa Pir Bhaavai Sabadhae Rehai Hadhoorae ||2||	O Nanak, that soul bride is pleasing to her Husband Lord, who, through the Shabad, remains in His Presence. ||2||	ਹੇ ਨਾਨਕ! ਉਹੀ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਪਿਆਰੀ ਲੱਗਦੀ ਹੈ ਜੇਹੜੀ ਗੁਰੂ ਦੇ ਸ਼ਬਦ ਦੀ ਰਾਹੀਂ ਹਰ ਵੇਲੇ ਉਸ ਦੇ ਚਰਨਾਂ ਵਿਚ ਜੁੜੀ ਰਹਿੰਦੀ ਹੈ ॥੨॥
25058	568	ਸੋਹਾਗਣੀ ਜਾਇ ਪੂਛਹੁ ਮੁਈਏ ਜਿਨੀ ਵਿਚਹੁ ਆਪੁ ਗਵਾਇਆ॥		Sohaaganee Jaae Pooshhahu Mueeeae Jinee Vichahu Aap Gavaaeiaa ||	Go and ask the happy soul-brides, O mortal bride, who have eradicated their self-conceit from within.	ਹੇ ਆਤਮਕ ਮੌਤ ਸਹੇੜ ਰਹੀ ਜਿੰਦੇ! ਜਾ ਕੇ (ਉਹਨਾਂ) ਸੁਹਾਗਣਾਂ ਪਾਸੋਂ (ਜੀਵਨ-ਜੁਗਤਿ) ਪੁੱਛ, ਜਿਨ੍ਹਾਂ ਨੇ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲਿਆ ਹੈ।
25059	568	ਪਿਰ ਕਾ ਹੁਕਮੁ ਨ ਪਾਇਓ ਮੁਈਏ ਜਿਨੀ ਵਿਚਹੁ ਆਪੁ ਨ ਗਵਾਇਆ॥	(ਮੁਈਏ) ਦੁਨੀਆਂ ਵੱਲੋਂ ਮਰ ਚੁੱਕੀ	Pir Kaa Hukam N Paaeiou Mueeeae Jinee Vichahu Aap N Gavaaeiaa ||	Those who have not eradicated their self-conceit, O mortal bride, do not realize the Hukam of their Husband Lord's Command.	ਪਰ ਜਿਨ੍ਹਾਂ ਨੇ ਆਪਣੇ ਅੰਦਰੋਂ ਆਪਾ-ਭਾਵ ਦੂਰ ਨਹੀਂ ਕੀਤਾ ਉਹਨਾਂ ਨੇ ਪ੍ਰਭੂ ਦੀ ਰਜ਼ਾ (ਵਿਚ ਤੁਰਨ ਦੀ ਜਾਚ) ਨਹੀਂ ਸਿੱਖੀ।
25060	568	ਜਿਨੀ ਆਪੁ ਗਵਾਇਆ ਤਿਨੀ ਪਿਰੁ ਪਾਇਆ ਰੰਗ ਸਿਉ ਰਲੀਆ ਮਾਣੈ॥		Jinee Aap Gavaaeiaa Thinee Pir Paaeiaa Rang Sio Raleeaa Maanai ||	Those who eradicate their self-conceit, obtain their Husband Lord; they delight in His Love.	ਜਿਨ੍ਹਾਂ ਨੇ ਆਪਾ-ਭਾਵ ਦੂਰ ਕਰ ਲਿਆ, ਉਹਨਾਂ ਨੇ (ਆਪਣੇ ਅੰਦਰ ਹੀ) ਪ੍ਰਭੂ-ਪਤੀ ਨੂੰ ਲੱਭ ਲਿਆ, ਪ੍ਰਭੂ-ਪਤੀ ਪ੍ਰੇਮ ਨਾਲ ਉਹਨਾਂ ਨੂੰ ਆਪਣਾ ਮਿਲਾਪ ਬਖ਼ਸ਼ੀ ਰੱਖਦਾ ਹੈ।

25061	568	ਸਦਾ ਰੰਗਿ ਰਾਤੀ ਸਹਜੇ ਮਾਤੀ ਅਨ ਦਿਨੁ ਨਾਮੁ ਵਖਾਣੈ॥	ਰਾਤੀ ਮਾਤੀ	Sadhaa Rang Raathee Sehajae Maathee Anadhin Naam Vakhaanai ||	Ever imbued with His Love, in perfect poise and grace, she repeats His Name, night and day.	ਜੇਹੜੀ ਜੀਵ-ਇਸਤ੍ਰੀ ਸਦਾ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਰਹਿੰਦੀ ਹੈ, ਆਤਮਕ ਅਡੋਲਤਾ ਵਿਚ ਮਸਤ ਰਹਿੰਦੀ ਹੈ, ਉਹ ਹਰ ਵੇਲੇ ਪ੍ਰਭੂ-ਪਤੀ ਦਾ ਨਾਮ ਸਿਮਰਦੀ ਰਹਿੰਦੀ ਹੈ।
25062	568	ਕਾਮਣਿ ਵਡਭਾਗੀ ਅੰਤਰਿ ਲਿਵ ਲਾਗੀ ਹਰਿ ਕਾ ਪ੍ਰੇਮੁ ਸੁਭਾਇਆ॥	ਕਾਮਣਿ ਵਡਭਾਗੀ	Kaaman Vaddabhaagee Anthar Liv Laagee Har Kaa Praem Subhaaeiaa ||	Very fortunate is that bride, who focuses her consciousness on Him; her Lord's Love is so sweet to her.	ਉਹ ਜੀਵ-ਇਸਤ੍ਰੀ ਵੱਡੇ ਭਾਗਾਂ ਵਾਲੀ ਹੈ, ਉਸ ਦੇ ਹਿਰਦੇ ਵਿਚ ਪ੍ਰਭੂ-ਚਰਨਾਂ ਦੀ ਲਗਨ ਬਣੀ ਰਹਿੰਦੀ ਹੈ, ਉਸ ਨੂੰ ਪ੍ਰਭੂ ਦਾ ਪਿਆਰ ਚੰਗਾ ਲੱਗਦਾ ਹੈ।
25063	568	ਨਾਨਕ ਕਾਮਣਿ ਸਹਜੇ ਰਾਤੀ ਜਿਨਿ ਸਚੁ ਸੀਗਾਰੁ ਬਣਾਇਆ॥੩॥		Naanak Kaaman Sehajae Raathee Jin Sach Seegaar Banaaeiaa ||3||	O Nanak, that soul-bride who is adorned with Truth, is imbued with her Lord's Love, in the state of perfect poise. ||3||	ਹੇ ਨਾਨਕ! ਜਿਸ ਜੀਵ-ਇਸਤ੍ਰੀ ਨੇ ਸਦਾ-ਥਿਰ ਪ੍ਰਭੂ ਦੇ ਨਾਮ ਨੂੰ ਆਪਣੀ ਜ਼ਿੰਦਗੀ ਦਾ ਸ਼ਿੰਗਾਰ ਬਣਾ ਲਿਆ ਹੈ ਉਹ ਸਦਾ ਆਤਮਕ ਅਡੋਲਤਾ ਵਿਚ ਲੀਨ ਰਹਿੰਦੀ ਹੈ ॥੩॥
25064	568	ਹਉਮੈ ਮਾਰਿ ਮੁਈਏ ਤੂ ਚਲੁ ਗੁਰ ਕੈ ਭਾਏ॥		Houmai Maar Mueeeae Thoo Chal Gur Kai Bhaaeae ||	Overcome your egotism, O mortal bride, and walk in the Guru's Way.	ਹੇ (ਆਤਮਕ ਮੌਤੇ) ਮੋਈ ਹੋਈ ਜਿੰਦੇ! ਤੂੰ (ਆਪਣੇ ਅੰਦਰੋਂ) ਹਉਮੈ ਦੂਰ ਕਰ ਤੇ ਗੁਰੂ ਦੇ ਅਨੁਸਾਰ ਹੋ ਕੇ (ਜੀਵਨ-ਤੋਰ) ਤੁਰ।

25065	568	ਹਰਿ ਵਰੁ ਰਾਵਹਿ ਸਦਾ ਮੁਈਏ ਨਿਜ ਘਰਿ ਵਾਸਾ ਪਾਏ॥		Har Var Raavehi Sadhaa Mueeeae Nij Ghar Vaasaa Paaeae ||	Thus you shall ever enjoy your Husband Lord, O mortal bride, and obtain an abode in the home of your own inner being.	ਮੋਈ ਹੋਈ ਜਿੰਦੇ! ਇੰਜ ਤੂੰ ਪ੍ਰਭੂ ਦੀ ਹਜ਼ੂਰੀ ਵਿਚ ਨਿਵਾਸ ਹਾਸਲ ਕਰ ਕੇ ਸਦਾ ਲਈ ਪ੍ਰਭੂ-ਪਤੀ ਦਾ ਮਿਲਾਪ ਮਾਣਦੀ ਰਹੇਂਗੀ।
25066	568	ਨਿਜ ਘਰਿ ਵਾਸਾ ਪਾਏ ਸਬਦੁ ਵਜਾਏ ਸਦਾ ਸੁਹਾਗਣਿ ਨਾਰੀ॥		Nij Ghar Vaasaa Paaeae Sabadh Vajaaeae Sadhaa Suhaagan Naaree ||	Obtaining an abode in the home of her inner being, she vibrates the Word of the Shabad, and is a happy soul-bride forever.	ਚੰਗੇ ਭਾਗਾਂ ਵਾਲੀ ਜੀਵ-ਇਸਤ੍ਰੀ ਆਪਣੇ ਹਿਰਦੇ ਵਿਚ ਗੁਰ-ਸ਼ਬਦ ਸਦਾ ਲਈ ਵਸਾ ਲੈਂਦੀ ਹੈ ਤੇ ਪ੍ਰਭੂ ਦੀ ਹਜ਼ੂਰੀ ਵਿਚ ਥਾਂ ਪ੍ਰਾਪਤ ਕਰ ਲੈਂਦੀ ਹੈ।
25067	568	ਪਿਰੁ ਰਲੀਆਲਾ ਜੋਬਨੁ ਬਾਲਾ ਅਨ ਦਿਨੁ ਕੰਤਿ ਸਵਾਰੀ॥		Pir Raleeaalaa Joban Baalaa Anadhin Kanth Savaaree ||	The Husband Lord is delightful, and forever young; night and day, He embellishes His bride.	ਪ੍ਰਭੂ-ਪਤੀ ਜੋ ਆਨੰਦ ਦਾ ਸੋਮਾ ਹੈ ਤੇ ਜਿਸ ਦਾ ਜੋਬਨ ਸਦਾ ਕਾਇਮ ਰਹਿਣ ਵਾਲਾ ਹੈ ਨੇ ਜੀਵ-ਇਸਤ੍ਰੀ ਨੂੰ ਸਦਾ ਵਾਸਤੇ ਸੋਹਣੇ ਜੀਵਨ ਵਾਲੀ ਬਣਾ ਦਿੱਤਾ।
25068	568	ਹਰਿ ਵਰੁ ਸੋਹਾਗੋ ਮਸਤਕਿ ਭਾਗੋ ਸਚੈ ਸਬਦਿ ਸੁਹਾਏ॥		Har Var Sohaago Masathak Bhaago Sachai Sabadh Suhaaeae ||	Her Husband Lord activates the destiny written on her forehead, and she is adorned with the True Shabad.	ਇੰਜ ਉਸ ਨੂੰ ਪ੍ਰਭੂ-ਪਤੀ ਦਾ ਸੁਹਾਗ ਮਿਲਨ ਕਾਰਨ ਉਸ ਦੇ ਮੱਥੇ ਉਤੇ ਭਾਗ ਜਾਗ ਪੈਂਦਾ ਹੈ ਤੇ ਗੁਰੂ ਦੇ ਸ਼ਬਦ ਦੀ ਰਾਹੀਂ ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਕੇ ਸੋਹਣੇ ਆਤਮਕ ਜੀਵਨ ਵਾਲੀ ਬਣ ਜਾਂਦੀ ਹੈ।

25069	568	ਨਾਨਕ ਕਾਮਣਿ ਹਰਿ ਰੰਗਿ ਰਾਤੀ ਜਾ ਚਲੈ ਸਤਿਗੁਰ ਭਾਏ॥੪॥੧॥		Naanak Kaaman Har Rang Raathee Jaa Chalai Sathigur Bhaaeae ||4||1||	O Nanak, the soul-bride is imbued with the Love of the Lord, when she walks according to the Will of the True Guru. ||4||1||	ਹੇ ਨਾਨਕ! ਜਦੋਂ ਜੀਵ-ਇਸਤ੍ਰੀ ਗੁਰੂ ਦੇ ਅਨੁਸਾਰ ਤੁਰਦੀ ਹੈ, ਤਾਂ ਉਹ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਜਾਂਦੀ ਹੈ ॥੪॥੧॥
25070	568	ਵਡਹੰਸੁ ਮਹਲਾ ੩॥		Vaddehans Mehalaa 3 ||	Wadahans, Third Mehl:	
25071	568	ਗੁਰਮੁਖਿ ਸਭੁ ਵਾਪਾਰੁ ਭਲਾ ਜੇ ਸਹਜੇ ਕੀਜੈ ਰਾਮ॥		Guramukh Sabh Vaapaar Bhalaa Jae Sehajae Keejai Raam ||	All dealings of the Gurmukh are good, if they are accomplished with poise and grace.	ਜੇ ਗੁਰੂ ਦੀ ਰਾਹੀਂ ਆਤਮਕ ਅਡੋਲਤਾ ਵਿਚ ਟਿਕ ਕੇ (ਹਰਿ-ਨਾਮ ਦਾ) ਵਪਾਰ ਕੀਤਾ ਜਾਏ, ਤਾਂ ਇਹ ਸਾਰਾ ਵਪਾਰ ਮਨੁੱਖ ਲਈ ਭਲਾ ਹੁੰਦਾ ਹੈ।
25072	568	ਅਨ ਦਿਨੁ ਨਾਮੁ ਵਖਾਣੀਐ ਲਾਹਾ ਹਰਿ ਰਸੁ ਪੀਜੈ ਰਾਮ॥		Anadhin Naam Vakhaaneeai Laahaa Har Ras Peejai Raam ||	Night and day, he repeats the Naam, the Name of the Lord, and he earns his profits, drinking in the subtle essence of the Lord.	ਪਰਮਾਤਮਾ ਦਾ ਨਾਮ ਹਰ ਵੇਲੇ ਉਚਾਰਨਾ ਚਾਹੀਦਾ ਹੈ, ਪ੍ਰਭੂ ਦੇ ਨਾਮ ਦਾ ਰਸ ਪੀਣਾ ਚਾਹੀਦਾ ਹੈ, ਇਹੀ ਹੈ ਮਨੁੱਖਾ ਜਨਮ ਦੀ ਖੱਟੀ।

25073	568	ਲਾਹਾ ਹਰਿ ਰਸੁ ਲੀਜੈ ਹਰਿ ਰਾਵੀਜੈ ਅਨ ਦਿਨੁ ਨਾਮੁ ਵਖਾਣੈ॥		Laahaa Har Ras Leejai Har Raaveejai Anadhin Naam Vakhaanai ||	He earns the profit of the subtle essence of the Lord, meditating on the Lord, and repeating the Naam, night and day.	ਹਰਿ-ਨਾਮ ਦਾ ਸੁਆਦ ਲੈਣਾ ਚਾਹੀਦਾ ਹੈ, ਹਰਿ-ਨਾਮ ਹਿਰਦੇ ਵਿਚ ਵਸਾਣਾ ਚਾਹੀਦਾ ਹੈ, ਇਹੀ ਮਨੁੱਖਾ ਜਨਮ ਦਾ ਲਾਭ ਹੈ।
25074	568	ਗੁਣ ਸੰਗ੍ਰਹਿ ਅਵਗਣ ਵਿਕਣਹਿ ਆਪੈ ਆਪੁ ਪਛਾਣੈ॥		Gun Sangrehi Avagan Vikanehi Aapai Aap Pashhaanai ||	He gathers in merits, and eliminates demerits, and realizes his own self.	ਉਹ (ਆਤਮਕ) ਗੁਣ ਇਕੱਠੇ ਕਰ ਕੇ, ਔਗੁਣ ਦੂਰ ਕਰ ਕੇ ਆਪਣੇ ਆਤਮਕ ਜੀਵਨ ਨੂੰ ਪਰਖਦਾ ਹੈ।
25075	568	ਗੁਰਮਤਿ ਪਾਈ ਵਡੀ ਵਡਿਆਈ ਸਚੈ ਸਬਦਿ ਰਸੁ ਪੀਜੈ॥		Guramath Paaee Vaddee Vaddiaaee Sachai Sabadh Ras Peejai ||	Under Guru's Instruction, he is blessed with glorious greatness; he drinks in the essence of the True Word of the Shabad.	ਜਿਸ ਮਨੁੱਖ ਨੇ ਗੁਰੂ ਦੀ ਸਿੱਖਿਆ ਹਾਸਲ ਕਰ ਲਈ, ਉਸ ਨੇ ਬੜੀ ਇੱਜ਼ਤ ਪਾਈ ਤੇ ਉਸ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਜੁੜ ਕੇ ਹਰਿ-ਨਾਮ-ਰਸ ਪੀਣਾ ਚਾਹੀਦਾ ਹੈ।
25076	568	ਨਾਨਕ ਹਰਿ ਕੀ ਭਗਤਿ ਨਿਰਾਲੀ ਗੁਰਮੁਖਿ ਵਿਰਲੈ ਕੀਜੈ॥੧॥		Naanak Har Kee Bhagath Niraalee Guramukh Viralai Keejai ||1||	O Nanak, devotional worship of the Lord is wonderful, but only a few Gurmukhs perform it. ||1||	ਹੇ ਨਾਨਕ! ਪਰਮਾਤਮਾ ਦੀ ਭਗਤੀ ਇਕ ਅਸਚਰਜ ਦਾਤ ਹੈ, ਪਰ ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਭਗਤੀ ਕੀਤੀ ਹੈ ॥੧॥

25077	568	ਗੁਰਮੁਖਿ ਖੇਤੀ ਹਰਿ ਅੰਤਰਿ ਬੀਜੀਐ ਹਰਿ ਲੀਜੈ ਸਰੀਰਿ ਜਮਾਏ ਰਾਮ॥		Guramukh Khaethee Har Anthar Beejeeai Har Leejai Sareer Jamaaeae Raam ||	As Gurmukh, plant the crop of the Lord within the field of your body, and let it grow.	ਗੁਰੂ ਦੇ ਸਨਮੁਖ ਰਹਿ ਕੇ ਹਰਿ-ਨਾਮ ਦੀ ਖੇਤੀ ਆਪਣੇ ਮਨ ਵਿਚ ਬੀਜਣੀ ਚਾਹੀਦੀ ਹੈ ਤੇ ਇੰਜ ਹਰਿ-ਨਾਮ ਬੀਜ ਆਪਣੇ ਹਿਰਦੇ ਵਿਚ ਉਗਾਣਾ ਚਾਹੀਦਾ ਹੈ।
25078	568	ਆਪਣੇ ਘਰ ਅੰਦਰਿ ਰਸੁ ਭੁੰਚੁ ਤੂ ਲਾਹਾ ਲੈ ਪਰਥਾਏ ਰਾਮ॥	(ਪਰਥਾਏ) ਪ੍ਰਲੋਕ	Aapanae Ghar Andhar Ras Bhunch Thoo Laahaa Lai Parathhaaeae Raam ||	Within the home of your own being, enjoy the Lord's subtle essence, and earn profits in the world hereafter.	ਤੂੰ ਆਪਣੇ ਹਿਰਦੇ ਵਿਚ ਹਰਿ-ਨਾਮ ਦਾ ਸੁਆਦ ਚੱਖਿਆ ਕਰ, ਤੇ ਇਸ ਤਰ੍ਹਾਂ ਪਰਲੋਕ ਦਾ ਲਾਭ ਖੱਟ।
25079	568	ਲਾਹਾ ਪਰਥਾਏ ਹਰਿ ਮੰਨਿ ਵਸਾਏ ਧਨੁ ਖੇਤੀ ਵਾਪਾਰਾ॥		Laahaa Parathhaaeae Har Mann Vasaaeae Dhhan Khaethee Vaapaaraa ||	This profit is earned by enshrining the Lord within your mind; blessed is this farming and trade.	ਉਹ ਮਨੁੱਖ ਪਰਲੋਕ ਦਾ ਲਾਭ ਖੱਟ ਲੈਂਦਾ ਹੈ ਜੋ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਂਦਾ ਹੈ ਤੇ ਉਸ ਦੀ ਨਾਮ-ਖੇਤੀ ਦਾ ਵਪਾਰ ਸਲਾਹੁਣ-ਜੋਗ ਹੈ।
25080	568	ਹਰਿ ਨਾਮੁ ਧਿਆਏ ਮੰਨਿ ਵਸਾਏ ਬੂਝੈ ਗੁਰ ਬੀਚਾਰਾ॥	ਬੂੱਝੈ	Har Naam Dhhiaaeae Mann Vasaaeae Boojhai Gur Beechaaraa ||	Meditating on the Lord's Name, and enshrining Him within your mind, you shall come to understand the Guru's Teachings.	ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ ਤੇ ਆਪਣੇ ਮਨ ਵਿਚ ਵਸਾਂਦਾ ਹੈ ਉਹ ਗੁਰ-ਸ਼ਬਦ ਦੀ ਵਿਚਾਰ ਸਮਝ ਲੈਂਦਾ ਹੈ।

25081	568	ਮਨਮੁਖ ਖੇਤੀ ਵਣਜੁ ਕਰਿ ਥਾਕੇ ਤ੍ਰਿਸਨਾ ਭੁਖ ਨ ਜਾਏ॥		Manamukh Khaethee Vanaj Kar Thhaakae Thrisanaa Bhukh N Jaaeae ||	The self-willed manmukhs have grown weary of this farming and trade; their hunger and thirst will not go away.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨਿਰੀ ਸੰਸਾਰਕ ਖੇਤੀ ਤੇ ਸੰਸਾਰਕ ਵਣਜ ਕਰ ਕੇ ਥੱਕ ਜਾਂਦੇ ਹਨ, ਉਹਨਾਂ ਦੀ ਮਾਇਆ ਦੀ ਤ੍ਰੇਹ ਨਹੀਂ ਮਿਟਦੀ, ਮਾਇਆ ਦੀ ਭੁੱਖ ਨਹੀਂ ਦੂਰ ਹੁੰਦੀ।
25082	568	ਨਾਨਕ ਨਾਮੁ ਬੀਜਿ ਮਨ ਅੰਦਰਿ ਸਚੈ ਸਬਦਿ ਸੁਭਾਏ॥੨॥		Naanak Naam Beej Man Andhar Sachai Sabadh Subhaaeae ||2||	O Nanak, plant the seed of the Name within your mind, and adorn yourself with the True Word of the Shabad. ||2||	ਹੇ ਨਾਨਕ! ਤੂੰ ਪ੍ਰੇਮ ਨਾਲ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਜੁੜ ਕੇ ਆਪਣੇ ਮਨ ਵਿਚ ਪਰਮਾਤਮਾ ਦਾ ਨਾਮ-ਬੀਜ ਬੀਜਿਆ ਕਰ ॥੨॥
25083	568	ਹਰਿ ਵਾਪਾਰਿ ਸੇ ਜਨ ਲਾਗੇ ਜਿਨਾ ਮਸਤਕਿ ਮਣੀ ਵਡਭਾਗੋ ਰਾਮ॥		Har Vaapaar Sae Jan Laagae Jinaa Masathak Manee Vaddabhaago Raam ||	Those humble beings engage in the Lord's Trade, who have the jewel of such pre-ordained destiny upon their foreheads.	ਹਰਿ-ਨਾਮ ਸਿਮਰਨ ਦੇ ਵਪਾਰ ਵਿਚ ਉਹ ਮਨੁੱਖ ਹੀ ਲੱਗਦੇ ਹਨ ਜਿਨ੍ਹਾਂ ਦੇ ਮੱਥੇ ਉੱਤੇ ਵੱਡੀ ਕਿਸਮਤ ਦੀ ਮਣੀ ਚਮਕ ਪੈਂਦੀ ਹੈ।
25084	568	ਗੁਰਮਤੀ ਮਨੁ ਨਿਜ ਘਰਿ ਵਸਿਆ ਸਚੈ ਸਬਦਿ ਬੈਰਾਗੋ ਰਾਮ॥		Guramathee Man Nij Ghar Vasiaa Sachai Sabadh Bairaago Raam ||	Under Guru's Instruction, the soul dwells in the home of the self; through the True Word of the Shabad, she becomes unattached.	ਗੁਰੂ ਦੀ ਮੱਤ ਦੀ ਬਰਕਤਿ ਨਾਲ ਉਹਨਾਂ ਦਾ ਮਨ ਪ੍ਰਭੂ ਦੀ ਹਜ਼ੂਰੀ ਵਿਚ ਟਿਕ ਜਾਂਦਾ ਹੈ, ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਦੀ ਰਾਹੀਂ ਉਹਨਾਂ ਨੂੰ ਹਰਿ-ਨਾਮ ਦੀ ਲਗਨ ਲੱਗ ਜਾਂਦੀ ਹੈ।

25085	568	ਮੁਖਿ ਮਸਤਕਿ ਭਾਗੋ ਸਚਿ ਬੈਰਾਗੋ ਸਾਚਿ ਰਤੇ ਵੀਚਾਰੀ॥		Mukh Masathak Bhaago Sach Bairaago Saach Rathae Veechaaree ||	By the destiny written upon their foreheads, they become truly unattached, and by reflective meditation, they are imbued with Truth.	ਜਿਨ੍ਹਾਂ ਮਨੁੱਖਾਂ ਦੇ ਮੂੰਹ ਉਤੇ ਮੱਥੇ ਉਤੇ ਭਾਗ ਜਾਗ ਪੈਂਦਾ ਹੈ, ਸਦਾ-ਥਿਰ ਹਰੀ ਵਿਚ ਉਹਨਾਂ ਦੀ ਲਗਨ ਲੱਗ ਜਾਂਦੀ ਹੈ, ਸਦਾ-ਥਿਰ ਪ੍ਰਭੂ (ਦੇ ਪ੍ਰੇਮ-ਰੰਗ) ਵਿਚ ਰੰਗੀਜ ਕੇ ਉਹ ਵਿਚਾਰਵਾਨ ਬਣ ਜਾਂਦੇ ਹਨ।
25086	568	ਨਾਮ ਬਿਨਾ ਸਭੁ ਜਗੁ ਬਉਰਾਨਾ ਸਬਦੇ ਹਉਮੈ ਮਾਰੀ॥		Naam Binaa Sabh Jag Bouraanaa Sabadhae Houmai Maaree ||	Without the Naam, the Name of the Lord, the whole world is insane; through the Shabad, the ego is conquered.	ਪਰਮਾਤਮਾ ਦੇ ਨਾਮ ਤੋਂ ਬਿਨਾ ਸਾਰਾ ਜਗਤ (ਹਉਮੈ ਵਿਚ) ਝੱਲਾ ਹੋਇਆ ਫਿਰਦਾ ਹੈ (ਇਹ) ਹਉਮੈ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਦੂਰ ਕੀਤੀ ਜਾ ਸਕਦੀ ਹੈ।
25087	568	ਸਾਚੈ ਸਬਦਿ ਲਾਗਿ ਮਤਿ ਉਪਜੈ ਗੁਰਮੁਖਿ ਨਾਮੁ ਸੋਹਾਗੋ॥		Saachai Sabadh Laag Math Oupajai Guramukh Naam Sohaago ||	Attached to the True Word of the Shabad, wisdom comes forth. The Gurmukh obtains the Naam, the Name of the Husband Lord.	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਜੁੜ ਕੇ (ਮਨੁੱਖ ਦੇ ਅੰਦਰ ਉੱਚੀ) ਮੱਤ ਪੈਦਾ ਹੁੰਦੀ ਹੈ, ਗੁਰੂ ਦੀ ਸਰਨ ਪਿਆਂ ਹਰਿ-ਨਾਮ-ਸੁਹਾਗ ਮਿਲ ਜਾਂਦਾ ਹੈ।
25088	569	ਨਾਨਕ ਸਬਦਿ ਮਿਲੈ ਭਉ ਭੰਜਨੁ ਹਰਿ ਰਾਵੈ ਮਸਤਕਿ ਭਾਗੋ॥੩॥		Naanak Sabadh Milai Bho Bhanjan Har Raavai Masathak Bhaago ||3||	O Nanak, through the Shabad, one meets the Lord, the Destroyer of fear, and by the destiny written on her forehead, she enjoys Him. ||3||	ਹੇ ਨਾਨਕ! ਜਿਸ ਮਨੁੱਖ ਦੇ ਮੱਥੇ ਉਤੇ ਭਾਗ ਜਾਗ ਪੈਂਦਾ ਹੈ, ਉਸ ਨੂੰ ਗੁਰ-ਸ਼ਬਦ ਦੀ ਰਾਹੀਂ ਡਰ ਨਾਸ ਕਰਨ ਵਾਲਾ ਪਰਮਾਤਮਾ ਮਿਲ ਪੈਂਦਾ ਹੈ, ਉਹ ਮਨੁੱਖ ਸਦਾ ਹਰਿ-ਨਾਮ ਨੂੰ ਹਿਰਦੇ ਵਿਚ ਵਸਾਈ ਰੱਖਦਾ ਹੈ ॥੩॥

25089	569	ਖੇਤੀ ਵਣਜੁ ਸਭੁ ਹੁਕਮੁ ਹੈ ਹੁਕਮੇ ਮੰਨਿ ਵਡਿਆਈ ਰਾਮ॥		Khaethee Vanaj Sabh Hukam Hai Hukamae Mann Vaddiaaee Raam ||	All farming and trading is by Hukam of His Will; surrendering to the Lord's Will, glorious greatness is obtained.	ਵਾਹੀ-ਖੇਤੀ ਤੇ ਵਪਾਰ ਨੂੰ ਪ੍ਰਭੂ ਦੀ ਰਜ਼ਾ ਅਨੁਸਾਰ ਹੁੰਦੀ ਹੈ, ਰਜ਼ਾ ਨੂੰ ਮੰਨਣ ਨਾਲ ਵਡਿਆਈ ਮਿਲਦੀ ਹੈ।
25090	569	ਗੁਰਮਤੀ ਹੁਕਮੁ ਬੂਝੀਐ ਹੁਕਮੇ ਮੇਲਿ ਮਿਲਾਈ ਰਾਮ॥	ਬੂੱਝੀਐ	Guramathee Hukam Boojheeai Hukamae Mael Milaaee Raam ||	Under Guru's Instruction, one comes to understand the Lord's Will, and by His Will, he is united in His Union.	ਗੁਰੂ ਦੀ ਮੱਤ ਉਤੇ ਤੁਰਿਆਂ ਹੀ ਪਰਮਾਤਮਾ ਦੀ ਰਜ਼ਾ ਨੂੰ ਸਮਝਿਆ ਜਾ ਸਕਦਾ ਹੈ ਤੇ ਪ੍ਰਭੂ ਦੀ ਰਜ਼ਾ ਨਾਲ ਹੀ ਪ੍ਰਭੂ-ਚਰਨਾਂ ਵਿਚ ਮਿਲਾਪ ਹੁੰਦਾ ਹੈ।
25091	569	ਹੁਕਮਿ ਮਿਲਾਈ ਸਹਜਿ ਸਮਾਈ ਗੁਰ ਕਾ ਸਬਦੁ ਅਪਾਰਾ॥		Hukam Milaaee Sehaj Samaaee Gur Kaa Sabadh Apaaraa ||	By His Will, one merges and easily blends with Him. The Shabads of the Guru are incomparable.	ਪ੍ਰਭੂ ਦੀ ਰਜ਼ਾ ਨਾਲ ਹੀ ਮਨੁੱਖ ਗੁਰੂ ਦੇ ਸ਼ਬਦ ਵਿਚ ਜੋੜਦਾ ਹੈ, ਆਤਮਕ ਅਡੋਲਤਾ ਵਿਚ ਲੀਨ ਹੁੰਦਾ ਹੈ ਤੇ ਅਪਾਰ ਪ੍ਰਭੂ ਨੂੰ ਮਿਲ ਪੈਂਦਾ ਹੈ।
25092	569	ਸਚੀ ਵਡਿਆਈ ਗੁਰ ਤੇ ਪਾਈ ਸਚੁ ਸਵਾਰਣਹਾਰਾ॥		Sachee Vaddiaaee Gur Thae Paaee Sach Savaaranehaaraa ||	Through the Guru, true greatness is obtained, and one is embellished with Truth.	ਗੁਰੂ ਦੀ ਰਾਹੀਂ ਸਚੀ ਇੱਜ਼ਤ ਪ੍ਰਾਪਤ ਹੁੰਦੀ ਹੈ ਤੇ ਜੀਵਨ ਸੋਹਣਾ ਬਣਾਣ ਵਾਲੇ ਪ੍ਰਭੂ ਨੂੰ ਮਿਲਦੀ ਹੈ।

25093	569	ਭਉ ਭੰਜਨੁ ਪਾਇਆ ਆਪੁ ਗਵਾਇਆ ਗੁਰਮੁਖਿ ਮੇਲਿ ਮਿਲਾਈ॥		Bho Bhanjan Paaeiaa Aap Gavaaeiaa Guramukh Mael Milaaee ||	He finds the Destroyer of fear, and eradicates his self-conceit; as Gurmukh, he is united in His Union.	ਗੁਰੂ ਦੀ ਰਾਹੀਂ ਪ੍ਰਭੂ ਲਈ ਪਿਆਰ-ਅਦਬ ਪੈਦਾ ਹੁੰਦਾ ਹੈ, ਆਪਾ-ਭਾਵ ਦੂਰ ਹੁੰਦਾ ਹੈ ਤੇ ਪ੍ਰਭੂ-ਚਰਨਾਂ ਵਿਚ ਲੀਨ ਹੋ ਜਾਈਦਾ ਹੈ।
25094	569	ਕਹੁ ਨਾਨਕ ਨਾਮੁ ਨਿਰੰਜਨੁ ਅਗਮੁ ਅਗੋਚਰੁ ਹੁਕਮੇ ਰਹਿਆ ਸਮਾਈ॥੪॥੨॥		Kahu Naanak Naam Niranjan Agam Agochar Hukamae Rehiaa Samaaee ||4||2||	Says Nanak, the Name of the immaculate, inaccessible, unfathomable Commander is permeating and pervading everywhere. ||4||2||	ਹੇ ਨਾਨਕ! ਪਵਿੱਤਰ, ਅਥਾਹ ਅਤੇ ਪਹੁੰਚ ਤੋਂ ਪਰੇ ਪ੍ਰਭੂ ਦਾ ਨਾਮ ਆਪਣੀ ਰਜ਼ਾ ਅਨੁਸਾਰ ਹਰ ਥਾਂ ਰਮਿਆ ਹੋਇਆ ਹੈ ॥੪॥੨॥
25095	569	ਵਡਹੰਸੁ ਮਹਲਾ ੩॥		Vaddehans Mehalaa 3 ||	Wadahans, Third Mehl:	
25096	569	ਮਨ ਮੇਰਿਆ ਤੂ ਸਦਾ ਸਚੁ ਸਮਾਲਿ ਜੀਉ॥		Man Maeriaa Thoo Sadhaa Sach Samaal Jeeo ||	O my mind, contemplate the True Lord forever.	ਹੇ ਮੇਰੇ ਮਨ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਤੂੰ ਸਦਾ ਆਪਣੇ ਅੰਦਰ ਵਸਾਈ ਰੱਖ,

25097	569	ਆਪਨੈ ਘਰਿ ਤੂ ਸੁਖਿ ਵਸਹਿ ਪੋਹਿ ਨ ਸਕੈ ਜਮਕਾਲੁ ਜੀਉ॥		Aapanai Ghar Thoo Sukh Vasehi Pohi N Sakai Jamakaal Jeeo ||	Dwell in peace in the home of your own self, and the Messenger of Death shall not touch you.	ਇੰਜ ਤੂੰ ਆਪਣੇ ਅੰਤਰ ਆਤਮੇ ਆਨੰਦ ਨਾਲ ਟਿਕਿਆ ਰਹੇਂਗਾ ਤੇ ਆਤਮਕ ਮੌਤ ਤੇਰੇ ਉਤੇ ਆਪਣਾ ਜ਼ੋਰ ਨਹੀਂ ਪਾ ਸਕੇਗੀ।
25098	569	ਕਾਲੁ ਜਾਲੁ ਜਮੁ ਜੋਹਿ ਨ ਸਾਕੈ ਸਾਚੈ ਸਬਦਿ ਲਿਵ ਲਾਏ॥		Kaal Jaal Jam Johi N Saakai Saachai Sabadh Liv Laaeae ||	The noose of the Messenger of Death shall not touch you, when you embrace love for the True Word of the Shabad.	ਜੇਹੜਾ ਗੁਰੂ ਦੇ ਸਦਾ-ਥਿਰ ਪ੍ਰਭੂ ਵਾਲੇ ਸ਼ਬਦ ਵਿਚ ਸੁਰਤ ਜੋੜੀ ਰੱਖਦਾ ਹੈ, ਉਸ ਵਲ ਮੌਤ (ਆਤਮਕ ਮੌਤ) ਤੱਕ ਭੀ ਨਹੀਂ ਸਕਦੀ।
25099	569	ਸਦਾ ਸਚਿ ਰਤਾ ਮਨੁ ਨਿਰਮਲੁ ਆਵਣੁ ਜਾਣੁ ਰਹਾਏ॥	ਰੱਤਾ	Sadhaa Sach Rathaa Man Niramal Aavan Jaan Rehaaeae ||	Ever imbued with the True Lord, the mind becomes immaculate, and its coming and going is ended.	ਉਸ ਦਾ ਮਨ ਸਦਾ-ਥਿਰ ਪ੍ਰਭੂ ਦੇ ਰੰਗ ਵਿਚ ਸਦਾ ਰੰਗਿਆ ਰਹਿ ਕੇ ਪਵਿਤ੍ਰ ਹੋ ਜਾਂਦਾ ਹੈ, ਉਸ ਮਨੁੱਖ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।
25100	569	ਦੂਜੈ ਭਾਇ ਭਰਮਿ ਵਿਗੁਤੀ ਮਨਮੁਖਿ ਮੋਹੀ ਜਮਕਾਲਿ॥	(ਵਿਗੁਤੀ) ਖਰਾਬ ਹੋਈ	Dhoojai Bhaae Bharam Viguthee Manamukh Mohee Jamakaal ||	The love of duality and doubt have ruined the self-willed manmukh, who is lured away by the Messenger of Death.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਾਇਆ ਦੇ ਪਿਆਰ ਦੀ ਭਟਕਣਾ ਵਿਚ ਖ਼ੁਆਰ ਹੁੰਦਾ ਹੈ ਤੇ ਉਸ ਨੂੰ ਆਤਮਕ ਮੌਤ ਨੇ ਆਪਣੇ ਮੋਹ ਵਿਚ ਫਸਾ ਰੱਖਿਆ ਹੁੰਦਾ ਹੈ।
25101	569	ਕਹੈ ਨਾਨਕੁ ਸੁਣਿ ਮਨ ਮੇਰੇ ਤੂ ਸਦਾ ਸਚੁ ਸਮਾਲਿ॥੧॥		Kehai Naanak Sun Man Maerae Thoo Sadhaa Sach Samaal ||1||	Says Nanak, listen, O my mind: contemplate the True Lord forever. ||1||	ਹੇ ਨਾਨਕ ਆਖਦਾ ਹੈ ਕਿ, ਹੇ ਮੇਰੇ ਮਨ! (ਮੇਰੀ ਗੱਲ) ਸੁਣ, ਤੂੰ ਸਦਾ-ਥਿਰ ਪ੍ਰਭੂ ਨੂੰ ਸਦਾ ਆਪਣੇ ਅੰਦਰ ਵਸਾਈ ਰੱਖ ॥੧॥

25102	569	ਮਨ ਮੇਰਿਆ ਅੰਤਰਿ ਤੇਰੈ ਨਿਧਾਨੁ ਹੈ ਬਾਹਰਿ ਵਸਤੁ ਨ ਭਾਲਿ॥		Man Maeriaa Anthar Thaerai Nidhhaan Hai Baahar Vasath N Bhaal ||	O my mind, the treasure is within you; do not search for it on the outside.	ਹੇ ਮੇਰੇ ਮਨ! (ਸਾਰੇ ਸੁਖਾਂ ਦਾ) ਖ਼ਜ਼ਾਨਾ (ਪਰਮਾਤਮਾ) ਤੇਰੇ ਅੰਦਰ ਵੱਸ ਰਿਹਾ ਹੈ, ਤੂੰ ਇਸ ਪਦਾਰਥ ਨੂੰ ਬਾਹਰ ਨਾਹ ਢੂੰਢਦਾ ਫਿਰ।
25103	569	ਜੋ ਭਾਵੈ ਸੋ ਭੁੰਚਿ ਤੂ ਗੁਰਮੁਖਿ ਨਦਰਿ ਨਿਹਾਲਿ॥		Jo Bhaavai So Bhunch Thoo Guramukh Nadhar Nihaal ||	Eat only that which is pleasing to the Lord, and as Gurmukh, receive the blessing of His Glance of Grace.	ਪਰਮਾਤਮਾ ਦੀ ਰਜ਼ਾ ਨੂੰ ਆਪਣੀ ਖ਼ੁਰਾਕ ਬਣਾ ਤੇ ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦਿਆਂ ਦੀ ਨਿਗਾਹ ਨਾਲ ਵੇਖ।
25104	569	ਗੁਰਮੁਖਿ ਨਦਰਿ ਨਿਹਾਲਿ ਮਨ ਮੇਰੇ ਅੰਤਰਿ ਹਰਿ ਨਾਮੁ ਸਖਾਈ॥		Guramukh Nadhar Nihaal Man Maerae Anthar Har Naam Sakhaaee ||	As Gurmukh, receive the blessing of His Glance of Grace, O my mind; the Name of the Lord, your help and support, is within you.	ਹੇ ਮੇਰੇ ਮਨ! ਗੁਰਮੁਖਾਂ ਵਾਲੀ ਨਜ਼ਰ ਨਾਲ ਵੇਖ, ਤੇਰੇ ਅੰਦਰ ਹੀ ਤੈਨੂੰ ਹਰਿ ਨਾਮ-ਮਿੱਤਰ (ਲੱਭ ਪਏਗਾ)।
25105	569	ਮਨਮੁਖ ਅੰਧੁਲੇ ਗਿਆਨ ਵਿਹੂਣੇ ਦੂਜੈ ਭਾਇ ਖੁਆਈ॥		Manamukh Andhhulae Giaan Vihoonae Dhoojai Bhaae Khuaaee ||	The self-willed manmukhs are blind, and devoid of wisdom; they are ruined by the love of duality.	ਆਪਣੇ ਮਨ ਪਿਛੇ ਚਲਣ ਵਾਲੇ ਮਨੁੱਖ ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਅਤੇ ਆਤਮਕ ਗਿਆਨ ਤੋਂ ਵਞੇ ਹੋਏ ਮਾਇਆ ਦੇ ਮੋਹ ਦੇ ਕਾਰਨ ਖ਼ੁਆਰ ਹੁੰਦੇ ਹਨ।

25106	569	ਬਿਨੁ ਨਾਵੈ ਕੋ ਛੂਟੈ ਨਾਹੀ ਸਭ ਬਾਧੀ ਜਮਕਾਲਿ॥	ਬਾਂਧੀ	Bin Naavai Ko Shhoottai Naahee Sabh Baadhhee Jamakaal ||	Without the Name, no one is emancipated. All are bound by the Messenger of Death.	ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਜੀਵ ਖ਼ਲਾਸੀ ਨਹੀਂ ਪਾ ਸਕਦਾ; ਆਤਮਕ ਮੌਤ ਨੇ ਸਾਰੀ ਲੁਕਾਈ ਨੂੰ (ਆਪਣੇ ਜਾਲ ਵਿਚ) ਬੰਨ੍ਹ ਰੱਖਿਆ ਹੈ।
25107	569	ਨਾਨਕ ਅੰਤਰਿ ਤੇਰੈ ਨਿਧਾਨੁ ਹੈ ਤੂ ਬਾਹਰਿ ਵਸਤੁ ਨ ਭਾਲਿ॥੨॥		Naanak Anthar Thaerai Nidhhaan Hai Thoo Baahar Vasath N Bhaal ||2||	O Nanak, the treasure is within you; do not search for it on the outside. ||2||	ਹੇ ਨਾਨਕ! ਤੇਰੇ ਅੰਦਰ ਹੀ ਨਾਮ-ਖ਼ਜ਼ਾਨਾ ਮੌਜੂਦ ਹੈ, ਤੂੰ ਇਸ ਖ਼ਜ਼ਾਨੇ ਨੂੰ ਬਾਹਰ ਨਾਹ ਢੂੰਢਦਾ ਫਿਰ ॥੨॥
25108	569	ਮਨ ਮੇਰਿਆ ਜਨਮੁ ਪਦਾਰਥੁ ਪਾਇ ਕੈ ਇਕਿ ਸਚਿ ਲਗੇ ਵਾਪਾਰਾ॥		Man Maeriaa Janam Padhaarathh Paae Kai Eik Sach Lagae Vaapaaraa ||	O my mind, obtaining the blessing of this human birth, some are engaged in the trade of Truth.	ਹੇ ਮੇਰੇ ਮਨ! ਕਈ ਹਨ ਜੇਹੜੇ ਇਹ ਕੀਮਤੀ ਮਨੁੱਖਾ ਜਨਮ ਹਾਸਲ ਕਰ ਕੇ ਸਦਾ-ਥਿਰ ਪਰਮਾਤਮਾ ਦੇ ਸਿਮਰਨ ਦੇ ਵਪਾਰ ਵਿਚ ਲੱਗ ਪੈਂਦੇ ਹਨ।
25109	569	ਸਤਿਗੁਰੁ ਸੇਵਨਿ ਆਪਣਾ ਅੰਤਰਿ ਸਬਦੁ ਅਪਾਰਾ॥		Sathigur Saevan Aapanaa Anthar Sabadh Apaaraa ||	They serve their True Guru, and the Infinite Word of the Shabad resounds within them.	ਉਹ ਆਪਣੇ ਗੁਰੂ ਦੀ ਦੱਸੀ ਸੇਵਾ ਕਰਦੇ ਹਨ ਤੇ ਬੇਅੰਤ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਸ਼ਬਦ ਆਪਣੇ ਹਿਰਦੇ ਵਿਚ ਵਸਾਂਦੇ ਹਨ।

25110	569	ਅੰਤਰਿ ਸਬਦੁ ਅਪਾਰਾ ਹਰਿ ਨਾਮੁ ਪਿਆਰਾ ਨਾਮੇ ਨਉ ਨਿਧਿ ਪਾਈ॥		Anthar Sabadh Apaaraa Har Naam Piaaraa Naamae No Nidhh Paaee ||	Within them is the Infinite Shabad, and the Beloved Naam, the Name of the Lord; through the Naam, the nine treasures are obtained.	ਉਹ ਹਰੀ ਦੀ ਸਿਫ਼ਤ-ਸਾਲਾਹ ਦੀ ਬਾਣੀ ਆਪਣੇ ਅੰਦਰ ਵਸਾਂਦੇ ਹਨ, ਪਰਮਾਤਮਾ ਦਾ ਨਾਮ ਉਹਨਾਂ ਨੂੰ ਪਿਆਰਾ ਲੱਗਦਾ ਹੈ ਤੇ ਪ੍ਰਭੂ ਦੇ ਨਾਮ ਵਿਚ ਹੀ ਉਹਨਾਂ ਨੇ (ਮਾਨੇ, ਦੁਨੀਆ ਦੇ) ਨੌ ਹੀ ਖ਼ਜ਼ਾਨੇ ਲੱਭ ਲਏ ਹੁੰਦੇ ਹਨ।
25111	569	ਮਨਮੁਖ ਮਾਇਆ ਮੋਹ ਵਿਆਪੇ ਦੂਖਿ ਸੰਤਾਪੇ ਦੂਜੈ ਪਤਿ ਗਵਾਈ॥		Manamukh Maaeiaa Moh Viaapae Dhookh Santhaapae Dhoojai Path Gavaaee ||	The self-willed manmukhs are engrossed in emotional attachment to Maya; they suffer in pain, and through duality, they lose their honor.	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮਾਇਆ ਦੇ ਮੋਹ ਵਿਚ ਫਸੇ ਰਹਿੰਦੇ ਹਨ, ਦੁੱਖ ਵਿਚ (ਗ੍ਰਸੇ ਹੋਏ) ਵਿਆਕੁਲ ਹੋਏ ਰਹਿੰਦੇ ਹਨ ਤੇ ਮਾਇਆ ਦੇ ਮੋਹ ਵਿਚ ਫਸ ਕੇ ਉਹਨਾਂ ਨੇ ਆਪਣੀ ਇੱਜ਼ਤ ਗਵਾ ਲਈ ਹੁੰਦੀ ਹੈ।
25112	569	ਹਉਮੈ ਮਾਰਿ ਸਚਿ ਸਬਦਿ ਸਮਾਣੇ ਸਚਿ ਰਤੇ ਅਧਿਕਾਈ॥		Houmai Maar Sach Sabadh Samaanae Sach Rathae Adhhikaaee ||	But those who conquer their ego, and merge in the True Shabad, are totally imbued with Truth.	ਉਹ ਮਨੁੱਖ ਹਉਮੈ ਦੂਰ ਕਰ ਕੇ ਸਦਾ-ਥਿਰ ਹਰੀ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਲੀਨ ਰਹਿੰਦੇ ਹਨ ਤੇ ਸਦਾ-ਥਿਰ ਪ੍ਰਭੂ (ਦੇ ਪ੍ਰੇਮ-ਰੰਗ ਵਿਚ) ਬਹੁਤ ਰੰਗੇ ਰਹਿੰਦੇ ਹਨ;
25113	569	ਨਾਨਕ ਮਾਣਸ ਜਨਮੁ ਦੁਲੰਭੁ ਹੈ ਸਤਿਗੁਰਿ ਬੂਝ ਬੁਝਾਈ॥੩॥	ਬੂੱਝ ਬੁੱਝਾਈ	Naanak Maanas Janam Dhulanbh Hai Sathigur Boojh Bujhaaee ||3||	O Nanak, it is so difficult to obtain this human life; the True Guru imparts this understanding. ||3||	ਜਿਨ੍ਹਾਂ ਮਨੁੱਖਾਂ ਨੂੰ ਸਤਿਗੁਰੂ ਨੇ ਇਹ ਸਮਝ ਬਖ਼ਸ਼ ਦਿੱਤੀ ਹੁੰਦੀ ਹੈ ਕਿ ਮਨੁੱਖਾ ਜਨਮ ਬੜੀ ਔਖਿਆਈ ਨਾਲ ਮਿਲਦਾ ਹੈ, ਹੇ ਨਾਨਕ!॥੩॥

25114	569	ਮਨ ਮੇਰੇ ਸਤਿਗੁਰੁ ਸੇਵਨਿ ਆਪਣਾ ਸੇ ਜਨ ਵਡਭਾਗੀ ਰਾਮ॥		Man Maerae Sathigur Saevan Aapanaa Sae Jan Vaddabhaagee Raam ||	O my mind, those who serve their True Guru are the most fortunate beings.	ਹੇ ਮੇਰੇ ਮਨ! ਉਹ ਮਨੁੱਖ ਬੜੇ ਭਾਗਾਂ ਵਾਲੇ ਹੁੰਦੇ ਹਨ ਜੇਹੜੇ ਆਪਣੇ ਗੁਰੂ ਦੀ ਦੱਸੀ ਸੇਵਾ ਕਰਦੇ ਹਨ,
25115	569	ਜੋ ਮਨੁ ਮਾਰਹਿ ਆਪਣਾ ਸੇ ਪੁਰਖ ਬੈਰਾਗੀ ਰਾਮ॥		Jo Man Maarehi Aapanaa Sae Purakh Bairaagee Raam ||	Those who conquer their minds are beings of renunciation and detachment.	ਤੇ ਜੇਹੜੇ ਆਪਣੇ ਮਨ ਨੂੰ ਵੱਸ ਵਿਚ ਰੱਖਦੇ ਹਨ ਤੇ (ਦੁਨੀਆ ਦੀ ਕਿਰਤ-ਕਾਰ ਕਰਦੇ ਹੋਏ ਭੀ ਮਾਇਆ ਵਲੋਂ) ਨਿਰਮੋਹ ਰਹਿੰਦੇ ਹਨ।
25116	569	ਸੇ ਜਨ ਬੈਰਾਗੀ ਸਚਿ ਲਿਵ ਲਾਗੀ ਆਪਣਾ ਆਪੁ ਪਛਾਣਿਆ॥		Sae Jan Bairaagee Sach Liv Laagee Aapanaa Aap Pashhaaniaa ||	They are beings of renunciation and detachment, who lovingly focus their consciousness on the True Lord; they realize and understand their own selves.	ਉਹ ਮਨੁੱਖ ਦੁਨੀਆ ਵਲੋਂ ਵਿਰਕਤ ਰਹਿੰਦੇ ਹਨ, ਸਦਾ-ਥਿਰ ਪ੍ਰਭੂ ਵਿਚ ਉਹਨਾਂ ਦੀ ਸੁਰਤ ਜੁੜੀ ਰਹਿੰਦੀ ਹੈ ਅਤੇ ਉਹ ਆਪਣੇ ਆਤਮਕ ਜੀਵਨ ਨੂੰ ਪੜਤਾਲਦੇ ਰਹਿੰਦੇ ਹਨ।
25117	569	ਮਤਿ ਨਿਹਚਲ ਅਤਿ ਗੂੜੀ ਗੁਰਮੁਖਿ ਸਹਜੇ ਨਾਮੁ ਵਖਾਣਿਆ॥	ਗੂੜ੍ਹੀ	Math Nihachal Ath Goorree Guramukh Sehajae Naam Vakhaaniaa ||	Their intellect is steady, deep and profound; as Gurmukh, they naturally chant the Naam, the Name of the Lord.	ਗੁਰੂ ਦੀ ਸਰਨ ਪੈ ਕੇ ਉਹਨਾਂ ਦੀ ਮੱਤ (ਮਾਇਆ ਵਲੋਂ) ਅਡੋਲ ਰਹਿੰਦੀ ਹੈ, ਪ੍ਰੇਮ-ਰੰਗ ਵਿਚ ਗੂੜ੍ਹੀ ਰੰਗੀ ਰਹਿੰਦੀ ਹੈ, ਆਤਮਕ ਅਡੋਲਤਾ ਵਿਚ ਟਿਕ ਕੇ ਉਹ ਪਰਮਾਤਮਾ ਦਾ ਨਾਮ ਸਿਮਰਦੇ ਰਹਿੰਦੇ ਹਨ।

25118	569	ਇਕ ਕਾਮਣਿ ਹਿਤਕਾਰੀ ਮਾਇਆ ਮੋਹਿ ਪਿਆਰੀ ਮਨਮੁਖ ਸੋਇ ਰਹੇ ਅਭਾਗੇ॥	(ਕਾਮਣਿ) ਇਸਤ੍ਰੀ ਦੇ (ਹਿਤਕਾਰੀ) ਮੋਹ ਵਾਲੇ	Eik Kaaman Hithakaaree Maaeiaa Mohi Piaaree Manamukh Soe Rehae Abhaagae ||	Some are lovers of beautiful young women; emotional attachment to Maya is very dear to them. The unfortunate self-willed manmukhs remain asleep.	ਕਈ ਐਸੇ ਬਦ-ਨਸੀਬ ਹੁੰਦੇ ਹਨ ਜੋ (ਕਾਮ-ਵੱਸ ਹੋ ਕੇ) ਇਸਤ੍ਰੀ ਨਾਲ (ਹੀ) ਹਿਤ ਕਰਦੇ ਹਨ, ਜੋ ਮਾਇਆ ਦੇ ਮੋਹ ਵਿਚ ਹੀ ਮਗਨ ਰਹਿੰਦੇ ਹਨ ਜੋ ਆਪਣੇ ਮਨ ਦੇ ਪਿੱਛੇ ਤੁਰਦੇ ਹੋਏ (ਗ਼ਫ਼ਲਤ ਦੀ ਨੀਂਦ ਵਿਚ) ਸੁੱਤੇ ਰਹਿੰਦੇ ਹਨ।
25119	569	ਨਾਨਕ ਸਹਜੇ ਸੇਵਹਿ ਗੁਰੁ ਆਪਣਾ ਸੇ ਪੂਰੇ ਵਡਭਾਗੇ॥੪॥੩॥		Naanak Sehajae Saevehi Gur Apanaa Sae Poorae Vaddabhaagae ||4||3||	O Nanak, those who intuitively serve their Guru, have perfect destiny. ||4||3||	ਹੇ ਨਾਨਕ! ਉਹ ਮਨੁੱਖ ਵੱਡੇ ਭਾਗਾਂ ਵਾਲੇ ਹੁੰਦੇ ਹਨ ਜੋ ਆਤਮਕ ਅਡੋਲਤਾ ਵਿਚ ਟਿਕ ਕੇ ਆਪਣੇ ਗੁਰੂ ਦੀ ਦੱਸੀ ਸੇਵਾ ਕਰਦੇ ਰਹਿੰਦੇ ਹਨ ॥੪॥੩॥
25120	569	ਵਡਹੰਸੁ ਮਹਲਾ ੩॥		Vaddehans Mehalaa 3 ||	Wadahans, Third Mehl:	
25121	569	ਰਤਨ ਪਦਾਰਥ ਵਣਜੀਅਹਿ ਸਤਿਗੁਰਿ ਦੀਆ ਬੁਝਾਈ ਰਾਮ॥	ਵਣਜੀਅਹਿ ਬੁੱਝਾਈ	Rathan Padhaarathh Vanajeeahi Sathigur Dheeaa Bujhaaee Raam ||	Purchase the jewel, the invaluable treasure; the True Guru has given this understanding.	ਉਹ ਮਨੁੱਖ (ਆਤਮਕ ਜੀਵਨ ਦੇ) ਕੀਮਤੀ ਰਤਨਾਂ ਦਾ ਵਪਾਰ ਕਰਦਾ ਰਹਿੰਦਾ ਹੈ ਜਿਸ ਨੂੰ ਗੁਰੂ ਨੇ ਸੂਝ ਬਖ਼ਸ਼ ਦਿੱਤੀ ਹੈ।

25122	569	ਲਾਹਾ ਲਾਭੁ ਹਰਿ ਭਗਤਿ ਹੈ ਗੁਣ ਮਹਿ ਗੁਣੀ ਸਮਾਈ ਰਾਮ॥		Laahaa Laabh Har Bhagath Hai Gun Mehi Gunee Samaaee Raam ||	The profit of profits is the devotional worship of the Lord; one's virtues merge into the virtues of the Lord.	ਉਸ ਨੂੰ ਪਰਮਾਤਮਾ ਦੀ ਭਗਤੀ ਦੀ ਖੱਟੀ ਪ੍ਰਾਪਤ ਹੁੰਦੀ ਰਹਿੰਦੀ ਹੈ, ਪਰਮਾਤਮਾ ਦੀ ਸਿਫ਼ਤ-ਸਾਲਾਹ ਵਿਚ ਜੁੜ ਕੇ ਉਸ ਦੀ ਲੀਨਤਾ ਗੁਣਾਂ ਦੇ ਮਾਲਕ-ਪ੍ਰਭੂ ਵਿਚ ਹੋ ਜਾਂਦੀ ਹੈ।
25123	570	ਗੁਣ ਮਹਿ ਗੁਣੀ ਸਮਾਏ ਜਿਸੁ ਆਪਿ ਬੁਝਾਏ ਲਾਹਾ ਭਗਤਿ ਸੈਸਾਰੇ॥	ਬੁੱਝਾਏ	Gun Mehi Gunee Samaaeae Jis Aap Bujhaaeae Laahaa Bhagath Saisaarae ||	One's virtues merge into the virtues of the Lord; he comes to understand his own self. He earns the profit of devotional worship in this world.	ਜਿਸ ਨੂੰ ਪਰਮਾਤਮਾ ਆਪ (ਆਤਮਕ ਜੀਵਨ ਦੀ) ਸੂਝ ਦੇਂਦਾ ਹੈ ਉਹ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਟਿਕ ਕੇ ਗੁਣਾਂ ਦੇ ਮਾਲਕ-ਪ੍ਰਭੂ ਵਿਚ ਲੀਨ ਹੋ ਜਾਂਦਾ ਹੈ ਤੇ ਭਗਤੀ ਦਾ ਲਾਭ ਖੱਟਦਾ ਹੈ।
25124	570	ਬਿਨੁ ਭਗਤੀ ਸੁਖੁ ਨ ਹੋਈ ਦੂਜੈ ਪਤਿ ਖੋਈ ਗੁਰਮਤਿ ਨਾਮੁ ਅਧਾਰੇ॥		Bin Bhagathee Sukh N Hoee Dhoojai Path Khoee Guramath Naam Adhhaarae ||	Without devotion, there is no peace; through duality, one's honor is lost, but under Guru's Instruction, he is blessed with the Support of the Naam.	ਗੁਰੂ ਦੀ ਮੱਤ ਉਤੇ ਤੁਰ ਕੇ ਉਹ ਹਰਿ-ਨਾਮ ਨੂੰ (ਆਪਣੀ ਜ਼ਿੰਦਗੀ ਦਾ) ਆਸਰਾ ਬਣਾਈ ਰੱਖਦਾ ਹੈ (ਉਸ ਨੂੰ ਨਿਸ਼ਚਾ ਰਹਿੰਦਾ ਹੈ ਕਿ) ਭਗਤੀ ਤੋਂ ਬਿਨਾ ਆਤਮਕ ਆਨੰਦ ਨਹੀਂ ਮਿਲ ਸਕਦਾ ਤੇ ਮਾਇਆ ਦੇ ਮੋਹ ਵਿਚ ਫਸਣ ਵਾਲੇ ਇੱਜ਼ਤ ਗਵਾ ਲੈਂਦੇ ਹਨ।
25125	570	ਵਖਰੁ ਨਾਮੁ ਸਦਾ ਲਾਭੁ ਹੈ ਜਿਸ ਨੋ ਏਤੁ ਵਾਪਾਰਿ ਲਾਏ॥	ਵੱਖਰੁ	Vakhar Naam Sadhaa Laabh Hai Jis No Eaeth Vaapaar Laaeae ||	He ever earns the profit of the merchandise of the Naam, whom the Lord employs in this Trade.	ਜਿਸ ਨੂੰ ਪਰਮਾਤਮਾ ਮਨੁੱਖ ਨੂੰ (ਨਾਮ-) ਵਪਾਰ ਵਿਚ ਲਾ ਦੇਂਦਾ ਹੈ ਉਹ ਸਦਾ ਨਾਮ-ਸਮਾਨ ਦਾ ਹੀ ਸੌਦਾ ਕਰਦਾ ਹੈ ਤੇ ਨਾਮ ਦਾ ਹੀ ਲਾਭ ਖੱਟਦਾ ਹੈ।

25126	570	ਰਤਨ ਪਦਾਰਥ ਵਣਜੀਅਹਿ ਜਾਂ ਸਤਿਗੁਰੁ ਦੇਇ ਬੁਝਾਏ॥੧॥	ਵਣਜੀ-ਅਹਿ ਦੇ-ਇ ਬੁੱਝਾਏ	Rathan Padhaarathh Vanajeeahi Jaan Sathigur Dhaee Bujhaaeae ||1||	He purchases the jewel, the invaluable treasure, unto whom the True Guru has given this understanding. ||1||	ਜਦੋਂ ਗੁਰੂ (ਆਤਮਕ ਜੀਵਨ ਦੀ) ਸਮਝ ਬਖ਼ਸ਼ਦਾ ਹੈ ਤਾਂ ਮਨੁੱਖ (ਪ੍ਰਭੂ ਦੀ ਸਿਫ਼ਤ-ਸਾਲਾਹ ਦੇ) ਕੀਮਤੀ ਰਤਨਾਂ ਦਾ ਹੀ ਵਪਾਰ ਕਰਦਾ ਹੈ ॥੧॥
25127	570	ਮਾਇਆ ਮੋਹੁ ਸਭੁ ਦੁਖੁ ਹੈ ਖੋਟਾ ਇਹੁ ਵਾਪਾਰਾ ਰਾਮ॥		Maaeiaa Mohu Sabh Dhukh Hai Khottaa Eihu Vaapaaraa Raam ||	The love of Maya is totally painful; this is a bad deal.	ਮਾਇਆ ਦਾ ਮੋਹ ਨਿਰਾ ਦੁੱਖ ਹੀ (ਪੈਦਾ ਕਰਦਾ) ਹੈ ਤੇ ਆਤਮਕ ਜੀਵਨ ਲਈ ਘਾਟਾ ਪਾਣ ਵਾਲਾ ਵਪਾਰ ਹੈ।
25128	570	ਕੂੜੁ ਬੋਲਿ ਬਿਖੁ ਖਾਵਣੀ ਬਹੁ ਵਧਹਿ ਵਿਕਾਰਾ ਰਾਮ॥		Koorr Bol Bikh Khaavanee Bahu Vadhhehi Vikaaraa Raam ||	Speaking falsehood, one eats poison, and the evil within increases greatly.	ਝੂਠ ਬੋਲ ਬੋਲ ਕੇ ਮਨੁੱਖ (ਆਤਮਕ ਮੌਤ ਵਾਲੀ) ਜ਼ਹਿਰ ਖਾਂਦਾ ਹੈ, (ਜਿਸ ਕਰਕੇ ਮਨੁੱਖ ਦੇ ਅੰਦਰ) ਅਨੇਕਾਂ ਵਿਕਾਰ ਵਧਦੇ ਜਾਂਦੇ ਹਨ।
25129	570	ਬਹੁ ਵਧਹਿ ਵਿਕਾਰਾ ਸਹਸਾ ਇਹੁ ਸੰਸਾਰਾ ਬਿਨੁ ਨਾਵੈ ਪਤਿ ਖੋਈ॥		Bahu Vadhhehi Vikaaraa Sehasaa Eihu Sansaaraa Bin Naavai Path Khoee ||	The evil within increases greatly, in this world of doubt; without the Name, one's honor is lost.	ਇੰਜ ਅਨੇਕਾਂ ਵਿਕਾਰ ਵਧਦੇ ਜਾਂਦੇ ਹਨ ਤੇ ਇਹ ਜਗਤ ਸਹਿਮ (ਦਾ ਘਰ ਹੀ ਪ੍ਰਤੀਤ) ਹੁੰਦਾ ਹੈ; ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਮਨੁੱਖ ਇੱਜ਼ਤ ਗਵਾ ਲੈਂਦਾ ਹੈ।

25130	570	ਪੜਿ ਪੜਿ ਪੰਡਿਤ ਵਾਦੁ ਵਖਾਣਹਿ ਬਿਨੁ ਬੂਝੇ ਸੁਖੁ ਨ ਹੋਈ॥		Parr Parr Panddith Vaadh Vakhaanehi Bin Boojhae Sukh N Hoee ||	Reading and studying, the religious scholars argue and debate; but without understanding, there is no peace.	ਵੇਦ ਪੜ੍ਹ ਪੜ੍ਹ ਕੇ ਪੰਡਤ ਵਿਅਰਥ ਨੁਕਤਾਚੀਨੀ ਵਿੱਚ ਜੁਟਦੇ ਹਨ, ਪਰ ਆਤਮਕ ਜੀਵਨ ਦੀ ਸੋਝੀ ਬਿਨਾ ਕੋਈ ਸੁਖ ਨਹੀਂ ਹੁੰਦਾ।
25131	570	ਆਵਣ ਜਾਣਾ ਕਦੇ ਨ ਚੂਕੈ ਮਾਇਆ ਮੋਹ ਪਿਆਰਾ॥		Aavan Jaanaa Kadhae N Chookai Maaeiaa Moh Piaaraa ||	Their comings and goings never end; emotional attachment to Maya is dear to them.	ਜਿਸ ਮਨੁੱਖ ਨੂੰ ਸਦਾ ਮਾਇਆ ਦਾ ਮੋਹ ਪਿਆਰਾ ਲੱਗਦਾ ਹੈ ਉਸ ਦਾ ਜਨਮ ਮਰਨ ਦਾ ਗੇੜ ਕਦੇ ਨਹੀਂ ਮੁੱਕਦਾ।
25132	570	ਮਾਇਆ ਮੋਹੁ ਸਭੁ ਦੁਖੁ ਹੈ ਖੋਟਾ ਇਹੁ ਵਾਪਾਰਾ॥੨॥		Maaeiaa Mohu Sabh Dhukh Hai Khottaa Eihu Vaapaaraa ||2||	The love of Maya is totally painful; this is a bad deal. ||2||	ਮਾਇਆ ਦਾ ਮੋਹ ਨਿਰਾ ਦੁੱਖ ਹੀ (ਪੈਦਾ ਕਰਦਾ) ਹੈ, ਤੇ (ਆਤਮਕ ਜੀਵਨ ਲਈ) ਘਾਟਾ ਪਾਣ ਵਾਲਾ ਵਪਾਰ ਹੈ ॥੨॥
25133	570	ਖੋਟੇ ਖਰੇ ਸਭਿ ਪਰਖੀਅਨਿ ਤਿਤੁ ਸਚੇ ਕੈ ਦਰਬਾਰਾ ਰਾਮ॥		Khottae Kharae Sabh Parakheean Thith Sachae Kai Dharabaaraa Raam ||	The counterfeit and the genuine are all assayed in the Court of the True Lord.	ਭੈੜੇ ਅਤੇ ਚੰਗੇ ਸਾਰੇ (ਜੀਵ) ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਦਰਬਾਰ ਵਿਚ ਪਰਖੇ ਜਾਂਦੇ ਹਨ।

25134	570	ਖੋਟੇ ਦਰਗਹ ਸੁਟੀਅਨਿ ਊਭੇ ਕਰਨਿ ਪੁਕਾਰਾ ਰਾਮ॥	(ਊਭੇ) ਖੜ੍ਹੇ	Khottae Dharageh Sutteean Oobhae Karan Pukaaraa Raam ||	The counterfeit are cast out of the Court, and they stand there, crying out in misery.	ਭੈੜੇ ਬੰਦੇ ਤਾਂ ਦਰਗਾਹ ਵਿਚ ਰੱਦੇ ਜਾਂਦੇ ਹਨ, ਉਹ ਉਥੇ ਖਲੋ ਕੇ ਪੁਕਾਰ ਕਰਦੇ ਹਨ।
25135	570	ਊਭੇ ਕਰਨਿ ਪੁਕਾਰਾ ਮੁਗਧ ਗਵਾਰਾ ਮਨਮੁਖਿ ਜਨਮੁ ਗਵਾਇਆ॥		Oobhae Karan Pukaaraa Mugadhh Gavaaraa Manamukh Janam Gavaaeiaa ||	They stand there, crying out in misery; the foolish, idiotic, self-willed manmukhs have wasted their lives.	ਜਿਨ੍ਹਾਂ ਮਨੁੱਖਾਂ ਨੇ ਆਪਣੇ ਮਨ ਦੇ ਪਿੱਛੇ ਤੁਰ ਕੇ ਆਪਣਾ ਮਨੁੱਖਾ ਜਨਮ ਗਵਾ ਲਿਆ, ਉਹ ਮੂਰਖ ਗਵਾਰ (ਪ੍ਰਭੂ ਦੀ ਦਰਗਾਹ ਤੇ) ਖਲੋਤੇ ਪੁਕਾਰ ਕਰਦੇ ਹਨ (ਹਾੜੇ-ਤਰਲੇ ਕਰਦੇ ਹਨ)।
25136	570	ਬਿਖਿਆ ਮਾਇਆ ਜਿਨਿ ਜਗਤੁ ਭੁਲਾਇਆ ਸਾਚਾ ਨਾਮੁ ਨ ਭਾਇਆ॥	ਜੱਗਤੁ	Bikhiaa Maaeiaa Jin Jagath Bhulaaeiaa Saachaa Naam N Bhaaeiaa ||	Maya is the poison which has deluded the world; it does not love the Naam, the Name of the Lord.	ਜਿਸ ਮਾਇਆ-ਜ਼ਹਿਰ ਨੇ ਜਗਤ ਨੂੰ ਕੁਰਾਹੇ ਪਾ ਰੱਖਿਆ ਹੈ ਜਿਸ ਕਾਰਨ ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ ਚੰਗਾ ਨਹੀਂ ਸੀ ਲੱਗਾ।
25137	570	ਮਨਮੁਖ ਸੰਤਾ ਨਾਲਿ ਵੈਰੁ ਕਰਿ ਦੁਖੁ ਖਟੇ ਸੰਸਾਰਾ॥		Manamukh Santhaa Naal Vair Kar Dhukh Khattae Sansaaraa ||	The self-willed manmukhs are resentful toward the Saints; they harvest only pain in this world.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਜਗਤ ਸੰਤ ਜਨਾਂ ਨਾਲ ਹੀ ਵੈਰ ਕਰ ਕੇ ਦੁੱਖ ਵਿਹਾਝਦਾ ਰਹਿੰਦਾ ਹੈ।

25138	570	ਖੋਟੇ ਖਰੇ ਪਰਖੀਅਨਿ ਤਿਤੁ ਸਚੈ ਦਰਵਾਰਾ ਰਾਮ॥੩॥		Khottae Kharae Parakheean Thith Sachai Dharavaaraa Raam ||3||	The counterfeit and the genuine are assayed in that True Court of the Lord. ||3||	ਭੈੜੇ ਅਤੇ ਚੰਗੇ (ਸਾਰੇ ਜੀਵ) ਉਸ ਸਦਾ ਕਾਇਮ ਰਹਿਣ ਵਾਲੇ ਦਰਬਾਰ ਵਿਚ ਪਰਖੇ ਜਾਂਦੇ ਹਨ ॥੩॥
25139	570	ਆਪਿ ਕਰੇ ਕਿਸੁ ਆਖੀਐ ਹੋਰੁ ਕਰਣਾ ਕਿਛੂ ਨ ਜਾਈ ਰਾਮ॥		Aap Karae Kis Aakheeai Hor Karanaa Kishhoo N Jaaee Raam ||	He Himself acts; who else should I ask? No one else can do anything.	(ਜੀਵਾਂ ਨੂੰ 'ਖੋਟੇ ਖਰੇ') ਪਰਮਾਤਮਾ ਆਪ ਹੀ ਬਣਾਂਦਾ ਹੈ, ਕਿਸੇ ਤੇ ਕੀ ਗਿਲਾ ਕਰੀਏ, ਹੋਰ ਕੁਝ ਭੀ ਨਹੀਂ ਕੀਤਾ ਜਾ ਸਕਦਾ।
25140	570	ਜਿਤੁ ਭਾਵੈ ਤਿਤੁ ਲਾਇਸੀ ਜਿਉ ਤਿਸ ਦੀ ਵਡਿਆਈ ਰਾਮ॥		Jith Bhaavai Thith Laaeisee Jio This Dhee Vaddiaaee Raam ||	As He pleases, He engages us; such is His glorious greatness.	ਜਿਵੇਂ ਪ੍ਰਭੂ ਦੀ ਠੀਕ ਲਗਦਾ ਹੈ ਉਵੇਂ ਹੀ ਉਹ ਮਨੁੱਖ ਨੂੰ ਉਸ ਰਾਹੇ ਪਾ ਦੇਂਦਾ ਹੈ, ਜਿਵੇਂ ਉਸ ਦੀ ਰਜ਼ਾ ਹੁੰਦੀ ਹੈ (ਤਿਵੇਂ ਕਰਾਂਦਾ ਹੈ)।
25141	570	ਜਿਉ ਤਿਸ ਦੀ ਵਡਿਆਈ ਆਪਿ ਕਰਾਈ ਵਰੀਆਮੁ ਨ ਫੁਸੀ ਕੋਈ॥	(ਵਰੀ-ਆਮੁ) ਬਹਾਦਰ। (ਫੁਸੀ)ਡਰਾਕਲ। ਫੁਸੀ:ਪੋਲਾ ਬੋਲੋ	Jio This Dhee Vaddiaaee Aap Karaaee Vareeaam N Fusee Koee ||	Such is His glorious greatness - He Himself causes all to act; no one is a warrior or a coward.	ਜਿਵੇਂ ਉਸ ਪ੍ਰਭੂ ਦੀ ਰਜ਼ਾ ਹੁੰਦੀ ਹੈ ਤਿਵੇਂ ਹੀ (ਜੀਵਾਂ ਪਾਸੋਂ ਕੰਮ) ਕਰਾਂਦਾ ਹੈ (ਆਪਣੇ ਆਪ ਵਿਚ) ਨਾਹ ਕੋਈ ਜੀਵ ਸੂਰਮਾ ਹੈ ਨਾਹ ਕੋਈ ਕਮਜ਼ੋਰ ਹੈ।

25142	570	ਜਗਜੀਵਨੁ ਦਾਤਾ ਕਰਮਿ ਬਿਧਾਤਾ ਆਪੇ ਬਖਸੇ ਸੋਈ॥	ਜੱਗਜੀਵਨੁ	Jagajeevan Dhaathaa Karam Bidhhaathaa Aapae Bakhasae Soee ||	The Life of the World, the Great Giver, the Architect of karma - He Himself grants forgiveness.	ਜਗਤ ਦਾ ਸਹਾਰਾ ਦਾਤਾਰ ਜੋ ਜੀਵਾਂ ਦੇ ਕੀਤੇ ਕਰਮ ਅਨੁਸਾਰ ਜੀਵਾਂ ਨੂੰ ਪੈਦਾ ਕਰਨ ਵਾਲਾ ਹੈ ਉਹ ਆਪ ਹੀ ਬਖ਼ਸ਼ਸ਼ ਕਰਦਾ ਹੈ।
25143	570	ਗੁਰ ਪਰਸਾਦੀ ਆਪੁ ਗਵਾਈਐ ਨਾਨਕ ਨਾਮਿ ਪਤਿ ਪਾਈ॥		Gur Parasaadhee Aap Gavaaeeai Naanak Naam Path Paaee ||	By Guru's Grace, self-conceit is eradicated, O Nanak, and through the Naam, honor is obtained.	ਹੇ ਨਾਨਕ! ਗੁਰੂ ਦੀ ਕਿਰਪਾ ਨਾਲ ਹੀ ਆਪਾ-ਭਾਵ ਦੂਰ ਕੀਤਾ ਜਾ ਸਕਦਾ ਹੈ ਤੇ ਪਰਮਾਤਮਾ ਦੇ ਨਾਮ ਵਿਚ ਜੁੜ ਕੇ ਇੱਜ਼ਤ ਪ੍ਰਾਪਤ ਕੀਤੀ ਜਾ ਸਕਦੀ ਹੈ।
25144	570	ਆਪਿ ਕਰੇ ਕਿਸੁ ਆਖੀਐ ਹੋਰੁ ਕਰਣਾ ਕਿਛੂ ਨ ਜਾਈ॥੪॥੪॥		Aap Karae Kis Aakheeai Hor Karanaa Kishhoo N Jaaee ||4||4||	He Himself acts; who else should I ask? No one else can do anything. ||4||4||	(ਜੀਵਾਂ ਨੂੰ 'ਖੋਟੇ ਖਰੇ') ਪਰਮਾਤਮਾ ਆਪ ਹੀ ਬਣਾਂਦਾ ਹੈ, ਕਿਸੇ ਤੇ ਕੀ ਗਿਲਾ ਕਰੀਏ, ਹੋਰ ਕੁਝ ਭੀ ਨਹੀਂ ਕੀਤਾ ਜਾ ਸਕਦਾ ॥੪॥੪॥
25145	570	ਵਡਹੰਸੁ ਮਹਲਾ ੩॥		Vaddehans Mehalaa 3 ||	Wadahans, Third Mehl:	
25146	570	ਸਚਾ ਸਉਦਾ ਹਰਿ ਨਾਮੁ ਹੈ ਸਚਾ ਵਾਪਾਰਾ ਰਾਮ॥	ਸਉੱਦਾ	Sachaa Soudhaa Har Naam Hai Sachaa Vaapaaraa Raam ||	The True merchandise is the Lord's Name. This is the true trade.	ਪਰਮਾਤਮਾ ਦਾ ਨਾਮ ਹੀ ਸਦਾ ਨਾਲ ਨਿਭਣ ਵਾਲਾ ਸੌਦਾ ਹੈ ਵਪਾਰ ਹੈ।

25147	570	ਗੁਰਮਤੀ ਹਰਿ ਨਾਮੁ ਵਣਜੀਐ ਅਤਿ ਮੋਲੁ ਅਫਾਰਾ ਰਾਮ॥		Guramathee Har Naam Vanajeeai Ath Mol Afaaraa Raam ||	Under Guru's Instruction, we trade in the Lord's Name; its value is very great.	ਇਹ ਹਰਿ-ਨਾਮ ਗੁਰੂ ਦੀ ਮੱਤ ਉਤੇ ਤੁਰ ਕੇ ਵਣਜਿਆ ਜਾ ਸਕਦਾ ਹੈ, ਇਸ ਦਾ ਮੁੱਲ ਬਹੁਤ ਹੀ ਜ਼ਿਆਦਾ ਹੈ।
25148	570	ਅਤਿ ਮੋਲੁ ਅਫਾਰਾ ਸਚ ਵਾਪਾਰਾ ਸਚਿ ਵਾਪਾਰਿ ਲਗੇ ਵਡਭਾਗੀ॥	(ਅਫਾਰਾ) ਅਪਾਰ	Ath Mol Afaaraa Sach Vaapaaraa Sach Vaapaar Lagae Vaddabhaagee ||	The value of this true trade is very great; those who are engaged in the true trade are very fortunate.	ਸਦਾ-ਥਿਰ ਪ੍ਰਭੂ ਦੇ ਨਾਮ ਦਾ ਵਪਾਰ ਬਹੁਤ ਮੁੱਲ ਪਾਂਦਾ ਹੈ, ਜੇਹੜੇ ਮਨੁੱਖ ਇਸ ਵਪਾਰ ਵਿਚ ਲੱਗਦੇ ਹਨ ਉਹ ਵੱਡੇ ਭਾਗਾਂ ਵਾਲੇ ਹੋ ਜਾਂਦੇ ਹਨ।
25149	570	ਅੰਤਰਿ ਬਾਹਰਿ ਭਗਤੀ ਰਾਤੇ ਸਚਿ ਨਾਮਿ ਲਿਵ ਲਾਗੀ॥		Anthar Baahar Bhagathee Raathae Sach Naam Liv Laagee ||	Inwardly and outwardly, they are imbued with devotion, and they enshrine love for the True Name.	ਉਹ ਮਨੁੱਖ ਦੁਨੀਆ ਨਾਲ ਕਾਰ-ਵਿਹਾਰ ਕਰਦੇ ਹੋਏ ਵੀ ਅੰਤਰ-ਆਤਮੇ ਭਗਤੀ-ਰੰਗ ਨਾਲ ਰੰਗੇ ਰਹਿੰਦੇ ਹਨ ਤੇ ਸਦਾ-ਥਿਰ ਹਰਿ-ਨਾਮ ਵਿਚ ਉਹਨਾਂ ਦੀ ਲਗਨ ਲੱਗੀ ਰਹਿੰਦੀ ਹੈ।
25150	570	ਨਦਰਿ ਕਰੇ ਸੋਈ ਸਚੁ ਪਾਏ ਗੁਰ ਕੈ ਸਬਦਿ ਵੀਚਾਰਾ॥		Nadhar Karae Soee Sach Paaeae Gur Kai Sabadh Veechaaraa ||	One who is blessed with the Lord's Favor, obtains Truth, and reflects upon the Word of the Guru's Shabad.	ਜਿਸ ਉਤੇ ਪਰਮਾਤਮਾ ਮੇਹਰ ਦੀ ਨਜ਼ਰ ਕਰਦਾ ਹੈ ਕੇਵਲ ਉਹੀ ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰ ਕਰ ਕੇ ਸਦਾ-ਥਿਰ ਹਰਿ-ਨਾਮ-ਸੌਦਾ ਹਾਸਲ ਕਰਦਾ ਹੈ।

25151	570	ਨਾਨਕ ਨਾਮਿ ਰਤੇ ਤਿਨ ਹੀ ਸੁਖੁ ਪਾਇਆ ਸਾਚੈ ਕੇ ਵਾਪਾਰਾ॥੧॥	ਰੱਤੇ	Naanak Naam Rathae Thin Hee Sukh Paaeiaa Saachai Kae Vaapaaraa ||1||	O Nanak, those who are imbued with the Name find peace; they deal only in the True Name. ||1||	ਹੇ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ ਉਹਨਾਂ ਨੇ ਹੀ ਸਦਾ-ਥਿਰ ਪ੍ਰਭੂ ਦੇ ਨਾਮ-ਵਪਾਰ ਵਿਚ ਆਤਮਕ ਆਨੰਦ ਪ੍ਰਾਪਤ ਕੀਤਾ ਹੈ ॥੧॥
25152	570	ਹੰਉਮੈ ਮਾਇਆ ਮੈਲੁ ਹੈ ਮਾਇਆ ਮੈਲੁ ਭਰੀਜੈ ਰਾਮ॥		Hanoumai Maaeiaa Mail Hai Maaeiaa Mail Bhareejai Raam ||	Egotistical involvement in Maya is filth; Maya is overflowing with filth.	ਹਉਮੈ ਅਤੇ ਮਾਇਆ (ਆਤਮਕ ਜੀਵਨ ਦੀ) ਮੈਲ ਹੈ, ਮਨੁੱਖ ਦਾ ਮਨ ਮਾਇਆ (ਦੀ ਮਮਤਾ) ਦੀ ਮੈਲ ਨਾਲ ਲਿਬੜਿਆ ਰਹਿੰਦਾ ਹੈ।
25153	570	ਗੁਰਮਤੀ ਮਨੁ ਨਿਰਮਲਾ ਰਸਨਾ ਹਰਿ ਰਸੁ ਪੀਜੈ ਰਾਮ॥		Guramathee Man Niramalaa Rasanaa Har Ras Peejai Raam ||	Under Guru's Instruction, the mind is made pure and the tongue tastes the subtle essence of the Lord.	ਗੁਰੂ ਦੀ ਮੱਤ ਉਤੇ ਤੁਰਿਆਂ ਮਨ ਪਵਿਤ੍ਰ ਹੋ ਜਾਂਦਾ ਹੈ ਇੰਜ ਜੀਭ ਨਾਲ ਪਰਮਾਤਮਾ ਦਾ ਨਾਮ-ਜਲ ਪੀਂਦੇ ਰਹਿਣਾ ਚਾਹੀਦਾ ਹੈ।
25154	570	ਰਸਨਾ ਹਰਿ ਰਸੁ ਪੀਜੈ ਅੰਤਰੁ ਭੀਜੈ ਸਾਚ ਸਬਦਿ ਬੀਚਾਰੀ॥		Rasanaa Har Ras Peejai Anthar Bheejai Saach Sabadh Beechaaree ||	The tongue tastes the subtle essence of the Lord, and deep within, the heart is drenched with His Love, contemplating the True Word of the Shabad.	ਜੀਭ ਨਾਲ ਹਰਿ ਨਾਮ-ਜਲ ਪੀਂਦੇ ਰਹਿਣਾ ਚਾਹੀਦਾ ਹੈ, ਇੰਜ ਹਿਰਦਾ ਤਰੋ-ਤਰ ਹੋ ਜਾਂਦਾ ਹੈ ਅਤੇ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਨਾਲ ਵਿਚਾਰ-ਵਾਨ ਹੋ ਜਈਦਾ ਹੈ।

25155	570	ਅੰਤਰਿ ਖੂਹਟਾ ਅੰਮ੍ਰਿਤਿ ਭਰਿਆ ਸਬਦੇ ਕਾਢਿ ਪੀਐ ਪਨਿਹਾਰੀ॥	ਰਿਦਾ (ਖੂਹਟਾ) ਖ਼ੂਹ	Anthar Khoohattaa Anmrith Bhariaa Sabadhae Kaadt Peeai Panihaaree ||	Deep within, the well of the heart is overflowing with the Lord's Ambrosial Nectar; the water-carrier draws and drinks in the water of the Shabad.	ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਭਰਿਆ ਹੋਇਆ ਚਸ਼ਮਾ ਮਨੁੱਖ ਦੇ ਅੰਦਰ ਹੀ ਹੈ, ਜਿਸ ਮਨੁੱਖ ਦੀ ਸੁਰਤ ਗੁਰੂ ਦੇ ਸ਼ਬਦ ਦੀ ਰਾਹੀਂ ਇਹ ਨਾਮ-ਜਲ ਭਰਨਾ ਜਾਣਦੀ ਹੈ ਉਹ ਮਨੁੱਖ (ਅੰਦਰਲੇ ਚਸ਼ਮੇ ਵਿਚੋਂ ਨਾਮ-ਜਲ) ਕੱਢ ਕੇ ਪੀਂਦਾ ਰਹਿੰਦਾ ਹੈ।
25156	570	ਜਿਸੁ ਨਦਰਿ ਕਰੇ ਸੋਈ ਸਚਿ ਲਾਗੈ ਰਸਨਾ ਰਾਮੁ ਰਵੀਜੈ॥		Jis Nadhar Karae Soee Sach Laagai Rasanaa Raam Raveejai ||	One who is blessed with the Lord's favor is attuned to the Truth; with his tongue, he chants the Lord's Name.	ਜਿਸ ਉਤੇ ਪਰਮਾਤਮਾ ਮੇਹਰ ਦੀ ਨਿਗਾਹ ਕਰਦਾ ਹੈ, ਉਹੀ ਮਨੁੱਖ ਸਦਾ-ਥਿਰ ਹਰਿ-ਨਾਮ ਵਿਚ ਲੱਗਦਾ ਹੈ। ਜੀਭ ਨਾਲ ਪਰਮਾਤਮਾ ਦਾ ਨਾਮ ਸਿਮਰਦੇ ਰਹਿਣਾ ਚਾਹੀਦਾ ਹੈ।
25157	570	ਨਾਨਕ ਨਾਮਿ ਰਤੇ ਸੇ ਨਿਰਮਲ ਹੋਰ ਹਉਮੈ ਮੈਲੁ ਭਰੀਜੈ॥੨॥		Naanak Naam Rathae Sae Niramal Hor Houmai Mail Bhareejai ||2||	O Nanak, those who are attuned to the Naam, the Name of the Lord, are immaculate. The others are full of the filth of egotism. ||2||	ਹੇ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ, ਉਹ ਪਵਿਤ੍ਰ ਹੋ ਜਾਂਦੇ ਹਨ, ਬਾਕੀ ਦੀ ਲੁਕਾਈ ਹਉਮੈ ਦੀ ਮੈਲ ਨਾਲ ਲਿਬੜੀ ਰਹਿੰਦੀ ਹੈ ॥੨॥

25158	570	ਪੰਡਿਤ ਜੋਤਕੀ ਸਭਿ ਪੜਿ ਪੜਿ ਕੂਕਦੇ ਕਿਸੁ ਪਹਿ ਕਰਹਿ ਪੁਕਾਰਾ ਰਾਮ॥	(ਜੋਤਕੀ) ਜੋਤਸ਼ੀ। ਪੜ੍ਹਿ ਪੜ੍ਹਿ	Panddith Jothakee Sabh Parr Parr Kookadhae Kis Pehi Karehi Pukaaraa Raam ||	All the religious scholars and astrologers read and study, and argue and shout. Who are they trying to teach?	ਪੰਡਿਤ ਅਤੇ ਜੋਤਸ਼ੀ ਇਹ ਸਾਰੇ (ਜੋਤਸ਼ ਆਦਿਕ ਦੀਆਂ ਪੁਸਤਕਾਂ) ਪੜ੍ਹ ਪੜ੍ਹ ਕੇ ਉੱਚੀ ਉੱਚੀ ਹੋਰਨਾਂ ਨੂੰ ਉਪਦੇਸ਼ ਕਰਦੇ ਹਨ, ਪਰ ਇਹ ਕਿਸ ਨੂੰ ਉੱਚੀ ਉੱਚੀ ਸੁਣਾਂਦੇ ਹਨ?
25159	571	ਮਾਇਆ ਮੋਹੁ ਅੰਤਰਿ ਮਲੁ ਲਾਗੈ ਮਾਇਆ ਕੇ ਵਾਪਾਰਾ ਰਾਮ॥		Maaeiaa Mohu Anthar Mal Laagai Maaeiaa Kae Vaapaaraa Raam ||	The filth of attachment to Maya clings to their hearts; they deal in Maya alone.	ਇਹਨਾਂ ਦੇ ਆਪਣੇ ਅੰਦਰ ਤਾਂ ਮਾਇਆ ਦੇ ਮੋਹ ਦੀ ਮੈਲ ਹੈ ਤੇ ਮਾਇਆ ਦੇ ਹੀ ਵਿਪਾਰ ਕਰਦੇ ਹਨ।
25160	571	ਮਾਇਆ ਕੇ ਵਾਪਾਰਾ ਜਗਤਿ ਪਿਆਰਾ ਆਵਣਿ ਜਾਣਿ ਦੁਖੁ ਪਾਈ॥	ਜੱਗ-ਤਿ	Maaeiaa Kae Vaapaaraa Jagath Piaaraa Aavan Jaan Dhukh Paaee ||	They love to deal in Maya in this world; coming and going, they suffer in pain.	ਜਿਨ੍ਹਾਂ ਨੂੰ ਜਗਤ ਵਿਚ ਮਾਇਆ ਦਾ ਵਿਪਾਰ ਪਿਆਰਾ ਹੈ ਉਹ ਜਨਮ ਮਰਨ ਦੇ ਗੇੜ ਵਿਚ ਦੁੱਖ ਪਾਂਦੇ ਹਨ।
25161	571	ਬਿਖੁ ਕਾ ਕੀੜਾ ਬਿਖੁ ਸਿਉ ਲਾਗਾ ਬਿਸ੍ਰਾ ਮਾਹਿ ਸਮਾਈ॥	ਬਿਸ੍ਰ ੍ਰ:ਅੱਧਾ ਟ ਪੋਲਾ ਬੋਲੋ ਜੀ	Bikh Kaa Keerraa Bikh Sio Laagaa Bistaa Maahi Samaaee ||	The worm of poison is addicted to poison; it is immersed in manure.	ਇੰਜ ਮਨੁੱਖ ਜ਼ਹਿਰ ਦਾ ਕੀੜਾ ਬਣਿਆ ਰਹਿੰਦਾ ਹੈ, ਇਸੇ ਜ਼ਹਿਰ ਨਾਲ ਚੰਬੜਿਆ ਰਹਿੰਦਾ ਹੈ, ਇਸੇ ਗੰਦ ਵਿਚ ਆਤਮਕ ਜੀਵਨ ਮੁਕਾ ਲੈਂਦਾ ਹੈ।

25162	571	ਜੋ ਧੁਰਿ ਲਿਖਿਆ ਸੋਇ ਕਮਾਵੈ ਕੋਇ ਨ ਮੇਟਣਹਾਰਾ॥		Jo Dhhur Likhiaa Soe Kamaavai Koe N Maettanehaaraa ||	He does what is pre-ordained for him; no one can erase his destiny.	ਜੋ ਕੁਝ ਧੁਰ ਤੋਂ ਮਨੁੱਖ ਦੇ ਭਾਗ ਵਿੱਚ ਲਿਖਿਆ ਗਿਆ ਹੈ ਉਹ ਉਹੀ ਕੁਝ ਕਮਾਂਦਾ ਰਹਿੰਦਾ ਹੈ; ਕੋਈ ਵੀ ਇਸ (ਸਚਾਈ) ਨੂੰ ਮਿਟਾ ਨਹੀਂ ਸਕਦਾ।
25163	571	ਨਾਨਕ ਨਾਮਿ ਰਤੇ ਤਿਨ ਸਦਾ ਸੁਖੁ ਪਾਇਆ ਹੋਰਿ ਮੂਰਖ ਕੂਕਿ ਮੁਏ ਗਾਵਾਰਾ॥੩॥		Naanak Naam Rathae Thin Sadhaa Sukh Paaeiaa Hor Moorakh Kook Mueae Gaavaaraa ||3||	O Nanak, imbued with the Naam, the Name of the Lord, lasting peace is found; the ignorant fools die screaming. ||3||	ਹੇ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ ਉਹ ਸਦਾ ਹੀ ਆਨੰਦ ਮਾਣਦੇ ਹਨ, ਬਾਕੀ ਤਾਂ ਮੂਰਖ ਹਨ ਜੋ ਹੋਰਨਾਂ ਨੂੰ ਹੀ ਉਪਦੇਸ਼ ਕਰ ਕਰ ਕੇ ਗਵਾਰਪੁਣਾ ਕਮਾਂਦੇ ਹਨ ॥੩॥
25164	571	ਮਾਇਆ ਮੋਹਿ ਮਨੁ ਰੰਗਿਆ ਮੋਹਿ ਸੁਧਿ ਨ ਕਾਈ ਰਾਮ॥		Maaeiaa Mohi Man Rangiaa Mohi Sudhh N Kaaee Raam ||	Their minds are colored by emotional attachment to Maya; because of this emotional attachment, they do not understand.	ਮਾਇਆ ਦੇ ਮੋਹ ਵਿਚ ਜਿਸ ਮਨ ਰੰਗਿਆ ਜਾਂਦਾ ਹੈ ਉਸ ਨੂੰ ਮੋਹ ਵਿਚ ਫਸ ਕੇ (ਆਤਮਕ ਜੀਵਨ ਦੀ) ਕੋਈ ਸਮਝ ਨਹੀਂ ਆਉਂਦੀ।
25165	571	ਗੁਰਮੁਖਿ ਇਹੁ ਮਨੁ ਰੰਗੀਐ ਦੂਜਾ ਰੰਗੁ ਜਾਈ ਰਾਮ॥		Guramukh Eihu Man Rangeeai Dhoojaa Rang Jaaee Raam ||	The soul of the Gurmukh is imbued with the Lord's Love; the love of duality departs.	ਜੇ ਇਸ ਮਨ ਨੂੰ ਗੁਰੂ ਦੀ ਸਰਨ ਪੈ ਕੇ (ਨਾਮ-ਰੰਗ ਨਾਲ) ਰੰਗ ਲਿਆ ਜਾਏ, ਤਾਂ (ਇਸ ਤੋਂ) ਮਾਇਆ ਦੇ ਮੋਹ ਦਾ ਰੰਗ ਉਤਰ ਜਾਂਦਾ ਹੈ।

25166	571	ਦੂਜਾ ਰੰਗੁ ਜਾਈ ਸਾਚਿ ਸਮਾਈ ਸਚਿ ਭਰੇ ਭੰਡਾਰਾ॥		Dhoojaa Rang Jaaee Saach Samaaee Sach Bharae Bhanddaaraa ||	The love of duality departs, and the soul merges in Truth; the warehouse is overflowing with Truth.	ਜਦੋਂ ਮਾਇਆ ਦੇ ਮੋਹ ਦਾ ਰੰਗ ਲਹਿ ਜਾਂਦਾ ਹੈ, ਤਦੋਂ ਸਦਾ-ਥਿਰ ਹਰਿ-ਨਾਮ ਵਿਚ ਲੀਨ ਹੋ ਜਾਈਦਾ ਹੈ ਤਾਂ ਸਦਾ-ਥਿਰ ਹਰਿ-ਨਾਮ-ਧਨ ਨਾਲ (ਆਤਮਕ) ਖ਼ਜ਼ਾਨੇ ਭਰ ਜਾਂਦੇ ਹਨ।
25167	571	ਗੁਰਮੁਖਿ ਹੋਵੈ ਸੋਈ ਬੂਝੈ ਸਚਿ ਸਵਾਰਣਹਾਰਾ॥		Guramukh Hovai Soee Boojhai Sach Savaaranehaaraa ||	One who becomes Gurmukh, comes to understand; the Lord embellishes him with Truth.	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹੀ (ਇਸ ਭੇਤ ਨੂੰ) ਸਮਝਦਾ ਹੈ ਤੇ ਸਦਾ-ਥਿਰ ਹਰਿ-ਨਾਮ ਨਾਲ ਆਪਣੇ ਜੀਵਨ ਨੂੰ ਸੋਹਣਾ ਬਣਾ ਲੈਂਦਾ ਹੈ।
25168	571	ਆਪੇ ਮੇਲੇ ਸੋ ਹਰਿ ਮਿਲੈ ਹੋਰੁ ਕਹਣਾ ਕਿਛੂ ਨ ਜਾਏ॥		Aapae Maelae So Har Milai Hor Kehanaa Kishhoo N Jaaeae ||	He alone merges with the Lord, whom the Lord causes to merge; nothing else can be said or done.	ਜਿਸ ਨੂੰ ਪਰਮਾਤਮਾ ਆਪ (ਆਪਣੇ ਨਾਲ) ਮਿਲਾਂਦਾ ਹੈ ਉਹੀ ਪਰਮਾਤਮਾ ਨੂੰ ਮਿਲ ਸਕਦਾ ਹੈ ਕੋਈ ਹੋਰ ਉਪਾਉ ਦੱਸਿਆ ਨਹੀਂ ਜਾ ਸਕਦਾ।
25169	571	ਨਾਨਕ ਵਿਣੁ ਨਾਵੈ ਭਰਮਿ ਭੁਲਾਇਆ ਇਕਿ ਨਾਮਿ ਰਤੇ ਰੰਗੁ ਲਾਏ॥੪॥੫॥		Naanak Vin Naavai Bharam Bhulaaeiaa Eik Naam Rathae Rang Laaeae ||4||5||	O Nanak, without the Name, one is deluded by doubt; but some, imbued with the Name, enshrine love for the Lord. ||4||5||	ਹੇ ਨਾਨਕ! ਜਗਤ ਨਾਮ ਤੋਂ ਬਿਨਾ ਭਟਕਣਾ ਵਿੱਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ, ਪਰ, ਕਈ ਐਸੇ ਭੀ ਹਨ ਜੋ (ਪ੍ਰਭੂ-ਚਰਨਾਂ ਨਾਲ) ਪ੍ਰੀਤ ਜੋੜ ਕੇ ਪ੍ਰਭੂ ਦੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ ॥੪॥੫॥

25170	571	ਵਡਹੰਸੁ ਮਹਲਾ ੩॥		Vaddehans Mehalaa 3 ||	Wadahans, Third Mehl:	
25171	571	ਏ ਮਨ ਮੇਰਿਆ ਆਵਾ ਗਉਣੁ ਸੰਸਾਰੁ ਹੈ ਅੰਤਿ ਸਚਿ ਨਿਬੇੜਾ ਰਾਮ॥		Eae Man Maeriaa Aavaa Goun Sansaar Hai Anth Sach Nibaerraa Raam ||	O my mind, the world comes and goes in birth and death; only the True Name shall emancipate you in the end.	ਹੇ ਮੇਰੇ ਮਨ! ਜਗਤ ਤਾਂ ਜਨਮ ਮਰਨ ਦਾ ਗੇੜ ਹੈ, ਆਖ਼ਰ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਜੁੜਿਆਂ ਹੀ ਇਸ ਵਿਚੋਂ ਨਿਕਲਿਆ ਜਾਂਦਾ ਹੈ।
25172	571	ਆਪੇ ਸਚਾ ਬਖਸਿ ਲਏ ਫਿਰਿ ਹੋਇ ਨ ਫੇਰਾ ਰਾਮ॥		Aapae Sachaa Bakhas Leae Fir Hoe N Faeraa Raam ||	When the True Lord Himself grants forgiveness, then one does not have to enter the cycle of reincarnation again.	ਜਦੋਂ ਸਦਾ-ਥਿਰ ਰਹਿਣ ਵਾਲਾ ਪ੍ਰਭੂ ਆਪ ਹੀ ਬਖ਼ਸ਼ਦਾ ਹੈ ਤਾਂ ਹੀ ਜਗਤ ਵਿਚ ਮੁੜ ਮੁੜ ਫੇਰਾ ਨਹੀਂ ਪਾਣਾ ਪੈਂਦਾ।
25173	571	ਫਿਰਿ ਹੋਇ ਨ ਫੇਰਾ ਅੰਤਿ ਸਚਿ ਨਿਬੇੜਾ ਗੁਰਮੁਖਿ ਮਿਲੈ ਵਡਿਆਈ॥		Fir Hoe N Faeraa Anth Sach Nibaerraa Guramukh Milai Vaddiaaee ||	He does not have to enter the cycle of reincarnation again, and he is emancipated in the end; as Gurmukh, he obtains glorious greatness.	ਗੁਰੂ ਦੀ ਸਰਨ ਪੈਣ ਵਾਲੇ ਨੂੰ ਫਿਰ ਉਸ ਨੂੰ ਮੁੜ ਮੁੜ ਜਨਮ ਮਰਨ ਦਾ ਗੇੜ ਨਹੀਂ ਮਿਲਦਾ ਤੇ ਸਦਾ ਲਈ ਇਹ ਟੈਂਟਾ ਖਤਮ ਹੋ ਜਾਂਦਾ ਹੈ ਅਤੇ ਉਸ ਨੂੰ ਇੱਜ਼ਤ ਮਿਲਦੀ ਹੈ।

25174	571	ਸਾਚੈ ਰੰਗਿ ਰਾਤੇ ਸਹਜੇ ਮਾਤੇ ਸਹਜੇ ਰਹੇ ਸਮਾਈ॥		Saachai Rang Raathae Sehajae Maathae Sehajae Rehae Samaaee ||	Imbued with love for the True Lord, he is intoxicated with celestial bliss, and he remains absorbed in the Celestial Lord.	ਜੇਹੜੇ ਸਦਾ-ਥਿਰ ਹਰੀ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ, ਉਹ ਆਤਮਕ ਅਡੋਲਤਾ ਵਿਚ ਮਸਤ ਰਹਿੰਦੇ ਹਨ, ਤੇ, ਆਤਮਕ ਅਡੋਲਤਾ ਦੀ ਰਾਹੀਂ ਹੀ ਪਰਮਾਤਮਾ ਵਿਚ ਲੀਨ ਹੋ ਜਾਂਦੇ ਹਨ।
25175	571	ਸਚਾ ਮਨਿ ਭਾਇਆ ਸਚੁ ਵਸਾਇਆ ਸਬਦਿ ਰਤੇ ਅੰਤਿ ਨਿਬੇਰਾ॥		Sachaa Man Bhaaeiaa Sach Vasaaeiaa Sabadh Rathae Anth Nibaeraa ||	The True Lord is pleasing to his mind; he enshrines the True Lord in his mind; attuned to the Word of the Shabad, he is emancipated in the end.	ਜਿਨ੍ਹਾਂ ਨੂੰ ਸਦਾ-ਥਿਰ ਰਹਿਣ ਵਾਲਾ ਪ੍ਰਭੂ ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ ਉਹ ਸਦਾ-ਥਿਰ ਪ੍ਰਭੂ ਨੂੰ ਆਪਣੇ ਮਨ ਵਿਚ ਵਸਾ ਲੈਂਦੇ ਹਨ ਤੇ ਗੁਰੂ ਦੇ ਸ਼ਬਦ ਵਿਚ ਰੰਗੇ ਜਾਂਦੇ ਹਨ, ਉਹਨਾਂ ਦੇ ਜਨਮ ਮਰਨ ਦਾ ਆਖ਼ਰ ਖ਼ਾਤਮਾ ਹੋ ਜਾਂਦਾ ਹੈ।
25176	571	ਨਾਨਕ ਨਾਮਿ ਰਤੇ ਸੇ ਸਚਿ ਸਮਾਣੇ ਬਹੁਰਿ ਨ ਭਵਜਲਿ ਫੇਰਾ॥੧॥		Naanak Naam Rathae Sae Sach Samaanae Bahur N Bhavajal Faeraa ||1||	O Nanak, those who are imbued with the Naam, merge in the True Lord; they are not cast into the terrifying world-ocean again. ||1||	ਹੇ ਨਾਨਕ! ਪ੍ਰਭੂ ਦੇ ਨਾਮ-ਰੰਗ ਵਿਚ ਰੰਗੇ ਹੋਏ ਮਨੁੱਖ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਜਾਂਦੇ ਹਨ, ਉਹਨਾਂ ਨੂੰ ਸੰਸਾਰ-ਸਮੁੰਦਰ ਵਿਚ ਮੁੜ ਮੁੜ ਫੇਰਾ ਨਹੀਂ ਪਾਣਾ ਪੈਂਦਾ ॥੧॥
25177	571	ਮਾਇਆ ਮੋਹੁ ਸਭੁ ਬਰਲੁ ਹੈ ਦੂਜੈ ਭਾਇ ਖੁਆਈ ਰਾਮ॥	(ਬਰਲੁ) ਕਮਲ਼। (ਖੁਆਈ) ਭੁੱਲੀ	Maaeiaa Mohu Sabh Baral Hai Dhoojai Bhaae Khuaaee Raam ||	Emotional attachment to Maya is total madness; through the love of duality, one is ruined.	ਮਾਇਆ ਦਾ ਮੋਹ ਨਿਰਾ-ਪੁਰਾ ਪਾਗਲ-ਪਨ ਹੈ ਜਿਸ ਕਾਰਨ ਸਹੀ ਜੀਵਨ-ਰਾਹ ਖੁੰਝੀ ਜਾ ਰਹੀ ਹੈ।

25178	571	ਮਾਤਾ ਪਿਤਾ ਸਭੁ ਹੇਤੁ ਹੈ ਹੇਤੇ ਪਲਚਾਈ ਰਾਮ॥		Maathaa Pithaa Sabh Haeth Hai Haethae Palachaaee Raam ||	Mother and father - all are subject to this love; in this love, they are entangled.	ਮਾਂ ਪਿਉ ਤਾਂ ਨਿਰਾ ਮੋਹ ਹੈ, ਇਸ ਮੋਹ ਵਿਚ ਹੀ ਦੁਨੀਆ ਉਲਝੀ ਪਈ ਹੈ।
25179	571	ਹੇਤੇ ਪਲਚਾਈ ਪੁਰਬਿ ਕਮਾਈ ਮੇਟਿ ਨ ਸਕੈ ਕੋਈ॥	(ਪਲਚਾਈ) ਉਲਝੀ	Haethae Palachaaee Purab Kamaaee Maett N Sakai Koee ||	They are entangled in this love, on account of their past actions, which no one can erase.	ਪੂਰਬਲੇ ਜਨਮ ਵਿਚ ਕੀਤੇ ਕਰਮਾਂ ਅਨੁਸਾਰ ਲੁਕਾਈ ਮੋਹ ਵਿਚ ਫਸੀ ਰਹਿੰਦੀ ਹੈ ਤੇ ਮਨੁੱਖ ਇਸ ਨੂੰ ਮਿਟਾ ਨਹੀਂ ਸਕਦਾ।
25180	571	ਜਿਨਿ ਸ੍ਰਿਸਟਿ ਸਾਜੀ ਸੋ ਕਰਿ ਵੇਖੈ ਤਿਸੁ ਜੇਵਡੁ ਅਵਰੁ ਨ ਕੋਈ॥	ਸ-ਸ੍ਰਿਸਟਿ	Jin Srisatt Saajee So Kar Vaekhai This Jaevadd Avar N Koee ||	The One who created the Universe, beholds it; no other is as great as He.	ਜਿਸ ਕਰਤਾਰ ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹ ਇਹ ਮਾਇਆ ਦਾ ਮੋਹ ਰਚ ਕੇ (ਤਮਾਸ਼ਾ) ਵੇਖ ਰਿਹਾ ਹੈ, ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ।
25181	571	ਮਨਮੁਖਿ ਅੰਧਾ ਤਪਿ ਤਪਿ ਖਪੈ ਬਿਨੁ ਸਬਦੈ ਸਾਂਤਿ ਨ ਆਈ॥		Manamukh Andhhaa Thap Thap Khapai Bin Sabadhai Saanth N Aaee ||	The blind, self-willed manmukh is consumed by his burning rage; without the Word of the Shabad, peace is not obtained.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮਾਇਆ ਦੇ ਮੋਹ ਵਿਚ ਅੰਨ੍ਹਾ ਹੋ ਕੇ (ਮੋਹ ਵਿਚ) ਸੜ ਸੜ ਕੇ ਦੁੱਖੀ ਹੁੰਦਾ ਹੈ, ਗੁਰੂ ਦੇ ਸ਼ਬਦ ਤੋਂ ਬਿਨਾ ਉਸ ਨੂੰ ਸ਼ਾਂਤੀ ਨਹੀਂ ਮਿਲ ਸਕਦੀ।

25182	571	ਨਾਨਕ ਬਿਨੁ ਨਾਵੈ ਸਭੁ ਕੋਈ ਭੁਲਾ ਮਾਇਆ ਮੋਹਿ ਖੁਆਈ॥੨॥		Naanak Bin Naavai Sabh Koee Bhulaa Maaeiaa Mohi Khuaaee ||2||	O Nanak, without the Name, everyone is deluded, ruined by emotional attachment to Maya. ||2||	ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਬਿਨਾ ਹਰੇਕ ਜੀਵ ਕੁਰਾਹੇ ਪਿਆ ਹੋਇਆ ਹੈ ਤੇ ਮਾਇਆ ਦੇ ਮੋਹ ਦੇ ਕਾਰਨ ਸਹੀ ਜੀਵਨ-ਰਾਹ ਤੋਂ ਖੁੰਝਾ ਹੋਇਆ ਹੈ ॥੨॥
25183	571	ਏਹੁ ਜਗੁ ਜਲਤਾ ਦੇਖਿ ਕੈ ਭਜਿ ਪਏ ਹਰਿ ਸਰਣਾਈ ਰਾਮ॥	ਭੱਜਿ	Eaehu Jag Jalathaa Dhaekh Kai Bhaj Peae Har Saranaaee Raam ||	Seeing that this world on fire, I have hurried to the Sanctuary of the Lord.	ਇਸ ਸੰਸਾਰ ਨੂੰ (ਵਿਕਾਰਾਂ ਵਿਚ) ਸੜਦਾ ਵੇਖ ਕੇ (ਜੇਹੜੇ ਮਨੁੱਖ) ਦੌੜ ਕੇ ਪਰਮਾਤਮਾ ਦੀ ਸਰਨ ਜਾ ਪੈਂਦੇ ਹਨ (ਉਹ ਸੜਨੋਂ ਬਚ ਜਾਂਦੇ ਹਨ)।
25184	571	ਅਰਦਾਸਿ ਕਰੀ ਗੁਰ ਪੂਰੇ ਆਗੈ ਰਖਿ ਲੇਵਹੁ ਦੇਹੁ ਵਡਾਈ ਰਾਮ॥		Aradhaas Karanaee Gur Poorae Aagai Rakh Laevahu Dhaehu Vaddaaee Raam ||	I offer my prayer to the Perfect Guru: please save me, and bless me with Your glorious greatness.	ਮੈਂ ਪੂਰੇ ਗੁਰੂ ਅੱਗੇ ਅਰਜ਼ੋਈ ਕਰਦਾ ਹਾਂ ਕਿ ਮੈਨੂੰ (ਵਿਕਾਰਾਂ ਦੀ ਸੜਨ ਤੋਂ) ਬਚਾ ਲੈ, ਮੈਨੂੰ (ਇਹ) ਵਡਿਆਈ ਬਖ਼ਸ਼।
25185	571	ਰਖਿ ਲੇਵਹੁ ਸਰਣਾਈ ਹਰਿ ਨਾਮੁ ਵਡਾਈ ਤੁਧੁ ਜੇਵਡੁ ਅਵਰੁ ਨ ਦਾਤਾ॥		Rakh Laevahu Saranaaee Har Naam Vaddaaee Thudhh Jaevadd Avar N Dhaathaa ||	Preserve me in Your Sanctuary, and bless me with the glorious greatness of the Name of the Lord; there is no other Giver as great as You.	ਮੈਨੂੰ ਆਪਣੀ ਸਰਨ ਵਿਚ ਰੱਖ ਤੇ ਪਰਮਾਤਮਾ ਦਾ ਨਾਮ ਜਪਣ ਦੀ ਵਡਿਆਈ ਬਖ਼ਸ਼; ਇਹ ਦਾਤ ਬਖ਼ਸ਼ਣ ਦੀ ਸਮਰੱਥਾ ਰੱਖਣ ਵਾਲਾ ਤੇਰੇ ਜੇਡਾ ਹੋਰ ਕੋਈ ਨਹੀਂ।

25186	571	ਸੇਵਾ ਲਾਗੇ ਸੇ ਵਡਭਾਗੇ ਜੁਗਿ ਜੁਗਿ ਏਕੋ ਜਾਤਾ॥		Saevaa Laagae Sae Vaddabhaagae Jug Jug Eaeko Jaathaa ||	Those who are engaged in serving You are very fortunate; throughout the ages, they know the One Lord.	ਜੇਹੜੇ ਮਨੁੱਖ ਪਰਮਾਤਮਾ ਦੀ ਸੇਵਾ-ਭਗਤੀ ਵਿਚ ਲੱਗਦੇ ਹਨ, ਉਹ ਵੱਡੇ ਭਾਗਾਂ ਵਾਲੇ ਹਨ, ਉਹ ਉਸ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦੇ ਹਨ ਜੇਹੜਾ ਹਰੇਕ ਜੁਗ ਵਿਚ ਇਕ ਆਪ ਹੀ ਆਪ ਹੈ।
25187	571	ਜਤੁ ਸਤੁ ਸੰਜਮੁ ਕਰਮ ਕਮਾਵੈ ਬਿਨੁ ਗੁਰ ਗਤਿ ਨਹੀ ਪਾਈ॥		Jath Sath Sanjam Karam Kamaavai Bin Gur Gath Nehee Paaee ||	You may practice celibacy, truth, austere self-discipline and rituals, but without the Guru, you shall not be emancipated.	ਭਾਵੇਂ ਕੋਈ ਜਤ ਸਤ ਸੰਜਮ (ਆਦਿਕ) ਕਰਮ ਕਮਾਵੇ, ਪਰ ਗੁਰੂ ਦੀ ਸਰਨ ਪੈਣ ਤੋਂ ਬਿਨਾ ਉੱਚੀ ਆਤਮਕ ਅਵਸਥਾ ਪ੍ਰਾਪਤ ਨਹੀਂ ਹੋ ਸਕਦੀ।
25188	571	ਨਾਨਕ ਤਿਸ ਨੋ ਸਬਦੁ ਬੁਝਾਏ ਜੋ ਜਾਇ ਪਵੈ ਹਰਿ ਸਰਣਾਈ॥੩॥	ਬੁੱਝਾਏ	Naanak This No Sabadh Bujhaaeae Jo Jaae Pavai Har Saranaaee ||3||	O Nanak, he alone understands the Word of the Shabad, who goes and seeks the Lord's Sanctuary. ||3||	ਹੇ ਨਾਨਕ! ਜੇਹੜਾ ਮਨੁੱਖ ਪਰਮਾਤਮਾ ਦੀ ਸਰਨ ਜਾ ਪੈਂਦਾ ਹੈ, ਪਰਮਾਤਮਾ ਉਸ ਨੂੰ ਗੁਰੂ ਦਾ ਸ਼ਬਦ ਸਮਝਣ ਦੀ ਦਾਤ ਬਖ਼ਸ਼ਦਾ ਹੈ ॥੩॥
25189	571	ਜੋ ਹਰਿ ਮਤਿ ਦੇਇ ਸਾ ਊਪਜੈ ਹੋਰ ਮਤਿ ਨ ਕਾਈ ਰਾਮ॥		Jo Har Math Dhaee Saa Oopajai Hor Math N Kaaee Raam ||	That understanding, imparted by the Lord, wells up; there is no other understanding.	ਪਰਮਾਤਮਾ ਜੇਹੜੀ ਅਕਲ (ਮਨੁੱਖ ਨੂੰ) ਦੇਂਦਾ ਹੈ ਉਹੀ ਮੱਤ ਪਰਗਟ ਹੁੰਦੀ ਹੈ; (ਪ੍ਰਭੂ ਦੀ ਦਿੱਤੀ ਮੱਤ ਤੋਂ ਬਿਨਾ) ਹੋਰ ਕੋਈ ਮੱਤ (ਮਨੁੱਖ ਗ੍ਰਹਿਣ) ਨਹੀਂ (ਕਰ ਸਕਦਾ)।

25190	571	ਅੰਤਰਿ ਬਾਹਰਿ ਏਕੁ ਤੂ ਆਪੇ ਦੇਹਿ ਬੁਝਾਈ ਰਾਮ॥	ਬੁੱਝਾਈ	Anthar Baahar Eaek Thoo Aapae Dhaehi Bujhaaee Raam ||	Deep within, and beyond as well, You alone are, O Lord; You Yourself impart this understanding.	(ਹੇ ਪ੍ਰਭੂ! ਹਰੇਕ ਜੀਵ ਦੇ) ਅੰਦਰ ਤੇ ਬਾਹਰ ਸਿਰਫ਼ ਤੂੰ ਹੀ ਵੱਸਦਾ ਹੈਂ, ਤੂੰ ਆਪ ਹੀ ਜੀਵ ਨੂੰ ਸਮਝ ਬਖ਼ਸ਼ਦਾ ਹੈਂ।
25191	571	ਆਪੇ ਦੇਹਿ ਬੁਝਾਈ ਅਵਰ ਨ ਭਾਈ ਗੁਰਮੁਖਿ ਹਰਿ ਰਸੁ ਚਾਖਿਆ॥		Aapae Dhaehi Bujhaaee Avar N Bhaaee Guramukh Har Ras Chaakhiaa ||	One whom He Himself blesses with this understanding, does not love any other. As Gurmukh, he tastes the subtle essence of the Lord.	(ਹੇ ਪ੍ਰਭੂ!) ਤੂੰ ਆਪ ਹੀ (ਜੀਵ ਨੂੰ) ਅਕਲ ਦੇਂਦਾ ਹੈਂ (ਤੇਰੀ ਦਿੱਤੀ ਹੋਈ ਅਕਲ ਤੋਂ ਬਿਨਾ) ਕੋਈ ਹੋਰ (ਅਕਲ ਜੀਵ ਨੂੰ) ਪਸੰਦ ਹੀ ਨਹੀਂ ਆ ਸਕਦੀ। ਗੁਰੂ ਦੀ ਸਰਨ ਪੈਣ ਵਾਲਾ ਮਨੁੱਖ ਪਰਮਾਤਮਾ ਦੇ ਨਾਮ ਦਾ ਸਵਾਦ ਚੱਖਦਾ ਹੈ।
25192	571	ਦਰਿ ਸਾਚੈ ਸਦਾ ਹੈ ਸਾਚਾ ਸਾਚੈ ਸਬਦਿ ਸੁਭਾਖਿਆ॥	(ਸੁਭਾਖਿਆ) ਸ੍ਰੇਸ਼ਟ ਉਚਾਰਨ ਕੀਤੇ	Dhar Saachai Sadhaa Hai Saachaa Saachai Sabadh Subhaakhiaa ||	In the True Court, he is forever True; with love, he chants the True Word of the Shabad.	ਗੁਰੂ ਦੇ ਸ਼ਬਦ ਦੀ ਰਾਹੀਂ ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ, ਉਹ ਸਦਾ-ਥਿਰ ਪ੍ਰਭੂ ਦੇ ਦਰ ਤੇ ਸਦਾ ਅਡੋਲ ਚਿੱਤ ਟਿਕਿਆ ਰਹਿੰਦਾ ਹੈ।
25193	572	ਘਰਿ ਮਹਿ ਨਿਜ ਘਰੁ ਪਾਇਆ ਸਤਿਗੁਰੁ ਦੇਇ ਵਡਾਈ॥		Ghar Mehi Nij Ghar Paaeiaa Sathigur Dhaee Vaddaaee ||	Within his home, he finds the home of his own being; the True Guru blesses him with glorious greatness.	ਜਿਸ ਮਨੁੱਖ ਨੂੰ ਸਤਿਗੁਰੂ ਵਡਿਆਈ ਦੇਂਦਾ ਹੈ, ਉਹ ਆਪਣੇ ਹਿਰਦੇ ਵਿਚ ਹੀ ਪ੍ਰਭੂ ਦੀ ਹਜ਼ੂਰੀ ਹਾਸਲ ਕਰ ਲੈਂਦਾ ਹੈ।

25194	572	ਨਾਨਕ ਜੋ ਨਾਮਿ ਰਤੇ ਸੇਈ ਮਹਲੁ ਪਾਇਨਿ ਮਤਿ ਪਰਵਾਣੁ ਸਚੁ ਸਾਈ॥੪॥੬॥	ਮਹ-ਲੁ। ਮਹਲੁ:ਪੋਲਾ ਬੋਲੋ ਸਾਈਂ	Naanak Jo Naam Rathae Saeee Mehal Paaein Math Paravaan Sach Saaee ||4||6||	O Nanak, those who are attuned to the Naam find the Mansion of the Lord's Presence; their understanding is true, and approved. ||4||6||	ਹੇ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ, ਉਹ ਹੀ ਪਰਮਾਤਮਾ ਦੀ ਹਜ਼ੂਰੀ ਪ੍ਰਾਪਤ ਕਰਦੇ ਹਨ, ਸਦਾ-ਥਿਰ ਪ੍ਰਭੂ ਉਹਨਾਂ ਦੀ ਉਹ (ਨਾਮ ਸਿਮਰਨ ਵਾਲੀ) ਅਕਲ ਪਰਵਾਨ ਕਰਦਾ ਹੈ ॥੪॥੬॥
25195	572	ਵਡਹੰਸੁ ਮਹਲਾ ੪ ਛੰਤ		Vaddehans Mehalaa 4 Shhantha	Wadahans, Fourth Mehl, Chhant:	ਰਾਗ ਵਡਹੰਸ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਛੰਤ'।
25196	572	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
25197	572	ਮੇਰੈ ਮਨਿ ਮੇਰੈ ਮਨਿ ਸਤਿਗੁਰਿ ਪ੍ਰੀਤਿ ਲਗਾਈ ਰਾਮ॥		Maerai Man Maerai Man Sathigur Preeth Lagaaee Raam ||	My mind, my mind - the True Guru has blessed it with the Lord's Love.	ਗੁਰੂ ਨੇ ਮੇਰੇ ਮਨ ਵਿਚ (ਆਪਣੇ ਚਰਨਾਂ ਦੀ) ਪ੍ਰੀਤ ਪੈਦਾ ਕੀਤੀ ਹੈ।
25198	572	ਹਰਿ ਹਰਿ ਹਰਿ ਹਰਿ ਨਾਮੁ ਮੇਰੈ ਮੰਨਿ ਵਸਾਈ ਰਾਮ॥		Har Har Har Har Naam Maerai Mann Vasaaee Raam ||	He has enshrined the Name of the Lord, Har, Har, Har, Har, within my mind.	ਗੁਰੂ ਨੇ ਮੇਰੇ ਮਨ ਵਿਚ ਪਰਮਾਤਮਾ ਦਾ ਨਾਮ ਵਸਾ ਦਿੱਤਾ ਹੈ।

25199	572	ਹਰਿ ਹਰਿ ਨਾਮੁ ਮੇਰੈ ਮੰਨਿ ਵਸਾਈ ਸਭਿ ਦੂਖ ਵਿਸਾਰਣਹਾਰਾ॥		Har Har Naam Maerai Mann Vasaaee Sabh Dhookh Visaaranehaaraa ||	The Name of the Lord, Har, Har, dwells within my mind; He is the Destroyer of all pain.	(ਗੁਰੂ ਨੇ) ਮੇਰੇ ਮਨ ਵਿਚ (ਉਹ) ਹਰਿ-ਨਾਮ ਵਸਾ ਦਿੱਤਾ ਹੈ ਜੋ ਸਾਰੇ ਦੁੱਖ ਦੂਰ ਕਰਨ ਦੀ ਸਮਰਥਾ ਵਾਲਾ ਹੈ।
25200	572	ਵਡਭਾਗੀ ਗੁਰ ਦਰਸਨੁ ਪਾਇਆ ਧਨੁ ਧਨੁ ਸਤਿਗੁਰੂ ਹਮਾਰਾ॥		Vaddabhaagee Gur Dharasan Paaeiaa Dhhan Dhhan Sathiguroo Hamaaraa ||	By great good fortune, I have obtained the Blessed Vision of the Guru's Darshan; blessed, blessed is my True Guru.	ਵੱਡੇ ਭਾਗਾਂ ਨਾਲ ਮੈਂ ਸਤਿਗੁਰੂ ਦਾ ਦਰਸ਼ਨ ਕਰ ਲਿਆ ਹੈ। ਮੇਰਾ ਗੁਰੂ ਬਹੁਤ ਹੀ ਸਲਾਹੁਣ-ਜੋਗ ਹੈ।
25201	572	ਊਠਤ ਬੈਠਤ ਸਤਿਗੁਰੁ ਸੇਵਹ ਜਿਤੁ ਸੇਵਿਐ ਸਾਂਤਿ ਪਾਈ॥		Oothath Baithath Sathigur Saeveh Jith Saeviai Saanth Paaee ||	While standing up and sitting down, I serve the True Guru; serving Him, I have found peace.	ਹੁਣ ਮੈਂ ਉਠਦਾ ਬੈਠਦਾ ਹਰ ਵੇਲੇ ਗੁਰੂ ਦੀ ਦੱਸੀ ਸੇਵਾ ਕਰਦਾ ਹਾਂ ਜਿਸ ਸੇਵਾ ਦੀ ਬਰਕਤਿ ਨਾਲ ਮੈਂ ਆਤਮਕ ਸ਼ਾਂਤੀ ਹਾਸਲ ਕਰ ਲਈ ਹੈ।
25202	572	ਮੇਰੈ ਮਨਿ ਮੇਰੈ ਮਨਿ ਸਤਿਗੁਰ ਪ੍ਰੀਤਿ ਲਗਾਈ॥੧॥		Maerai Man Maerai Man Sathigur Preeth Lagaaee ||1||	My mind, my mind - the True Guru has blessed it with the Lord's Love. ||1||	ਮੇਰੇ ਮਨ ਵਿਚ, ਮੇਰੇ ਮਨ ਵਿਚ ਗੁਰੂ ਦਾ ਪਿਆਰ ਪੈਦਾ ਹੋ ਗਿਆ ਹੈ ॥੧॥
25203	572	ਹਉ ਜੀਵਾ ਹਉ ਜੀਵਾ ਸਤਿਗੁਰ ਦੇਖਿ ਸਰਸੇ ਰਾਮ॥	(ਸਰਸੇ) ਅਨੰਦਿਤ	Ho Jeevaa Ho Jeevaa Sathigur Dhaekh Sarasae Raam ||	I live, I live, and I blossom forth, beholding the True Guru.	ਗੁਰੂ ਦਾ ਦਰਸ਼ਨ ਕਰ ਕੇ ਮੈਨੂੰ ਆਤਮਕ ਜੀਵਨ ਮਿਲ ਜਾਂਦਾ ਹੈ, (ਮੇਰਾ ਮਨ) ਰਸ ਨਾਲ ਭਰ ਜਾਂਦਾ ਹੈ।

25204	572	ਹਰਿ ਨਾਮੋ ਹਰਿ ਨਾਮੁ ਦ੍ਰਿੜਾਏ ਜਪਿ ਹਰਿ ਹਰਿ ਨਾਮੁ ਵਿਗਸੇ ਰਾਮ॥	ਵਿਗਸੇ:ਪੋਲਾ ਬੋਲੋ	Har Naamo Har Naam Dhrirraaeae Jap Har Har Naam Vigasae Raam ||	The Name of the Lord, the Name of the Lord, He has implanted within me; chanting the Name of the Lord, Har, Har, I blossom forth.	ਗੁਰੂ ਮੇਰੇ ਮਨ ਵਿਚ ਪਰਮਾਤਮਾ ਦਾ ਨਾਮ ਪੱਕਾ ਕਰ ਕੇ ਟਿਕਾ ਦੇਂਦਾ ਹੈ, (ਉਸ) ਹਰਿ-ਨਾਮ ਨੂੰ ਜਪ ਜਪ ਕੇ ਮੇਰਾ ਮਨ ਖਿੜਿਆ ਰਹਿੰਦਾ ਹੈ।
25205	572	ਜਪਿ ਹਰਿ ਹਰਿ ਨਾਮੁ ਕਮਲ ਪਰਗਾਸੇ ਹਰਿ ਨਾਮੁ ਨਵੰ ਨਿਧਿ ਪਾਈ॥	(ਨਵੰ ਨਿਧਿ) ਨੌਂ ਨਿੱਧੀਆਂ	Jap Har Har Naam Kamal Paragaasae Har Naam Navan Nidhh Paaee ||	Chanting the Name of the Lord, Har, Har, the heart-lotus blossoms forth, and through the Name of the Lord, I have obtained the nine treasures.	ਪਰਮਾਤਮਾ ਦਾ ਨਾਮ ਜਪ ਜਪ ਕੇ ਮੇਰਾ ਹਿਰਦਾ ਕੌਲ-ਫੁੱਲ ਵਾਂਗ ਖਿੜ ਪੈਂਦਾ ਹੈ, ਹਰਿ-ਨਾਮ ਲੱਭ ਕੇ (ਇਉਂ ਜਾਪਦਾ ਹੈ ਕਿ) ਮੈਂ ਦੁਨੀਆ ਦੇ ਨੌ ਹੀ ਖ਼ਜ਼ਾਨੇ ਹਾਸਲ ਕਰ ਲਏ ਹਨ।
25206	572	ਹਉਮੈ ਰੋਗੁ ਗਇਆ ਦੁਖੁ ਲਾਥਾ ਹਰਿ ਸਹਜਿ ਸਮਾਧਿ ਲਗਾਈ॥		Houmai Rog Gaeiaa Dhukh Laathhaa Har Sehaj Samaadhh Lagaaee ||	The disease of egotism has been eradicated, suffering has been eliminated, and I have entered the Lord's state of celestial Samaadhi.	ਮੇਰੇ ਅੰਦਰੋਂ ਹਉਮੈ ਰੋਗ ਦੂਰ ਹੋ ਗਿਆ ਹੈ, ਮੇਰਾ ਸਾਰਾ ਦੁੱਖ ਲਹਿ ਗਿਆ ਹੈ, ਹਰਿ-ਨਾਮ ਨੇ ਆਤਮਕ ਅਡੋਲਤਾ ਵਿਚ ਮੇਰੀ ਸੁਰਤ ਟਿਕਵੇਂ ਤੌਰ ਤੇ ਜੋੜ ਦਿੱਤੀ ਹੈ।

25207	572	ਹਰਿ ਨਾਮੁ ਵਡਾਈ ਸਤਿਗੁਰ ਤੇ ਪਾਈ ਸੁਖੁ ਸਤਿਗੁਰ ਦੇਵ ਮਨੁ ਪਰਸੇ॥		Har Naam Vaddaaee Sathigur Thae Paaee Sukh Sathigur Dhaev Man Parasae ||	I have obtained the glorious greatness of Name of the Lord from the True Guru; beholding the Divine True Guru, my mind is at peace.	ਇਹ ਹਰਿ-ਨਾਮ (ਜੋ ਮੇਰੇ ਵਾਸਤੇ ਬੜੀ) ਇੱਜ਼ਤ (ਹੈ), ਮੈਂ ਗੁਰੂ ਪਾਸੋਂ ਹਾਸਲ ਕੀਤਾ ਹੈ, ਗੁਰਦੇਵ (ਦੇ ਚਰਨਾਂ) ਨੂੰ ਛੂਹ ਕੇ ਮੇਰਾ ਮਨ ਆਨੰਦ ਅਨੁਭਵ ਕਰਦਾ ਹੈ।
25208	572	ਹਉ ਜੀਵਾ ਹਉ ਜੀਵਾ ਸਤਿਗੁਰ ਦੇਖਿ ਸਰਸੇ॥੨॥		Ho Jeevaa Ho Jeevaa Sathigur Dhaekh Sarasae ||2||	I live, I live, and I blossom forth, beholding the True Guru. ||2||	ਗੁਰੂ ਦਾ ਦਰਸਨ ਕਰ ਕੇ ਮੈਨੂੰ ਆਤਮਕ ਜੀਵਨ ਮਿਲ ਜਾਂਦਾ ਹੈ, (ਮੇਰਾ ਮਨ) ਰਸ ਨਾਲ ਭਰ ਜਾਂਦਾ ਹੈ ॥੨॥
25209	572	ਕੋਈ ਆਣਿ ਕੋਈ ਆਣਿ ਮਿਲਾਵੈ ਮੇਰਾ ਸਤਿਗੁਰੁ ਪੂਰਾ ਰਾਮ॥		Koee Aan Koee Aan Milaavai Maeraa Sathigur Pooraa Raam ||	If only someone would come, if only someone would come, and lead me to meet my Perfect True Guru.	ਜੇ ਕੋਈ ਲਿਆ ਕੇ, ਜੇ ਕੋਈ ਲਿਆ ਕੇ ਮੈਨੂੰ ਪੂਰਾ ਗੁਰੂ ਮਿਲਾ ਦੇਵੇ,
25210	572	ਹਉ ਮਨੁ ਤਨੁ ਹਉ ਮਨੁ ਤਨੁ ਦੇਵਾ ਤਿਸੁ ਕਾਟਿ ਸਰੀਰਾ ਰਾਮ॥		Ho Man Than Ho Man Than Dhaevaa This Kaatt Sareeraa Raam ||	My mind and body, my mind and body - I cut my body into pieces, and I dedicate these to Him.	ਮੈਂ ਆਪਣਾ ਮਨ ਆਪਣਾ ਸਰੀਰ ਉਸ ਦੇ ਹਵਾਲੇ ਕਰ ਦਿਆਂ, ਆਪਣਾ ਸਰੀਰ ਕੱਟ ਕੇ ਉਸ ਨੂੰ ਦੇ ਦਿਆਂ।

25211	572	ਹਉ ਮਨੁ ਤਨੁ ਕਾਟਿ ਕਾਟਿ ਤਿਸੁ ਦੇਈ ਜੋ ਸਤਿਗੁਰ ਬਚਨ ਸੁਣਾਏ॥		Ho Man Than Kaatt Kaatt This Dhaeee Jo Sathigur Bachan Sunaaeae ||	Cutting my mind and body apart, cutting them into pieces, I offer these to the one, who recites to me the Words of the True Guru.	ਜੇਹੜਾ ਕੋਈ ਮੈਨੂੰ ਗੁਰੂ ਦੇ ਬਚਨ ਸੁਣਾਵੇ, ਮੈਂ ਆਪਣਾ ਮਨ ਕੱਟ ਕੇ ਆਪਣਾ ਤਨ ਕੱਟ ਕੇ (ਮਨ ਤੇ ਤਨ ਦੀ ਅਪਣੱਤ ਦਾ ਮੋਹ ਕੱਟ ਕੇ) ਉਸ ਦੇ ਹਵਾਲੇ ਕਰ ਦਿਆਂ।
25212	572	ਮੇਰੈ ਮਨਿ ਬੈਰਾਗੁ ਭਇਆ ਬੈਰਾਗੀ ਮਿਲਿ ਗੁਰ ਦਰਸਨਿ ਸੁਖੁ ਪਾਏ॥		Maerai Man Bairaag Bhaeiaa Bairaagee Mil Gur Dharasan Sukh Paaeae ||	My unattached mind has renounced the world; obtaining the Blessed Vision of the Guru's Darshan, it has found peace.	ਮੇਰੇ ਉਤਾਵਲੇ ਹੋ ਰਹੇ ਮਨ ਵਿਚ ਗੁਰੂ ਦੇ ਦਰਸਨ ਦੀ ਤਾਂਘ ਪੈਦਾ ਹੋ ਰਹੀ ਹੈ। ਗੁਰੂ ਨੂੰ ਮਿਲ ਕੇ, ਗੁਰੂ ਦੇ ਦਰਸਨ ਨਾਲ ਮੇਰਾ ਮਨ ਸੁਖ ਅਨੁਭਵ ਕਰਦਾ ਹੈ।
25213	572	ਹਰਿ ਹਰਿ ਕ੍ਰਿਪਾ ਕਰਹੁ ਸੁਖਦਾਤੇ ਦੇਹੁ ਸਤਿਗੁਰ ਚਰਨ ਹਮ ਧੂਰਾ॥		Har Har Kirapaa Karahu Sukhadhaathae Dhaehu Sathigur Charan Ham Dhhooraa ||	O Lord, Har, Har, O Giver of Peace, please, grant Your Grace, and bless me with the dust of the feet of the True Guru.	ਹੇ ਹਰੀ! ਹੇ ਸੁਖਦਾਤੇ ਹਰੀ! ਮੇਹਰ ਕਰ, ਮੈਨੂੰ ਪੂਰੇ ਗੁਰੂ ਦੇ ਚਰਨਾਂ ਦੀ ਧੂੜ ਬਖ਼ਸ਼।
25214	572	ਕੋਈ ਆਣਿ ਕੋਈ ਆਣਿ ਮਿਲਾਵੈ ਮੇਰਾ ਸਤਿਗੁਰੁ ਪੂਰਾ॥੩॥		Koee Aan Koee Aan Milaavai Maeraa Sathigur Pooraa ||3||	If only someone would come, if only someone would come, and lead me to meet my Perfect True Guru. ||3||	ਕੋਈ ਲਿਆ ਕੇ, ਕੋਈ ਲਿਆ ਕੇ ਮੈਨੂੰ ਪੂਰਾ ਗੁਰੂ ਮਿਲਾ ਦੇਵੇ! ॥੩॥

25215	572	ਗੁਰ ਜੇਵਡੁ ਗੁਰ ਜੇਵਡੁ ਦਾਤਾ ਮੈ ਅਵਰੁ ਨ ਕੋਈ ਰਾਮ॥		Gur Jaevadd Gur Jaevadd Dhaathaa Mai Avar N Koee Raam ||	A Giver as great as the Guru, as great as the Guru - I cannot see any other.	ਗੁਰੂ ਦੇ ਬਰਾਬਰ ਦਾ, ਗੁਰੂ ਦੇ ਬਰਾਬਰ ਦਾ ਦਾਤਾ ਮੈਨੂੰ ਹੋਰ ਕੋਈ ਨਹੀਂ (ਦਿੱਸਦਾ)।
25216	572	ਹਰਿ ਦਾਨੋ ਹਰਿ ਦਾਨੁ ਦੇਵੈ ਹਰਿ ਪੁਰਖੁ ਨਿਰੰਜਨੁ ਸੋਈ ਰਾਮ॥		Har Dhaano Har Dhaan Dhaevai Har Purakh Niranjan Soee Raam ||	He blesses me with the gift of the Lord's Name, the gift of the Lord's Name; He is the Immaculate Lord God.	ਗੁਰੂ (ਪਰਮਾਤਮਾ ਦੇ ਨਾਮ ਦਾ) ਦਾਨ ਬਖ਼ਸ਼ਦਾ ਹੈ ਜੋ ਸਰਬ-ਵਿਆਪਕ ਹੈ ਤੇ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ।
25217	572	ਹਰਿ ਹਰਿ ਨਾਮੁ ਜਿਨੀ ਆਰਾਧਿਆ ਤਿਨ ਕਾ ਦੁਖੁ ਭਰਮੁ ਭਉ ਭਾਗਾ॥		Har Har Naam Jinee Aaraadhhiaa Thin Kaa Dhukh Bharam Bho Bhaagaa ||	Those who worship in adoration the Name of the Lord, Har, Har - their pain, doubts and fears are dispelled.	ਜਿਨ੍ਹਾਂ ਨੇ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਹਨਾਂ ਦਾ (ਹਰੇਕ ਕਿਸਮ ਦਾ) ਦੁੱਖ ਭਰਮ ਤੇ ਡਰ ਦੂਰ ਹੋ ਗਿਆ।
25218	572	ਸੇਵਕ ਭਾਇ ਮਿਲੇ ਵਡਭਾਗੀ ਜਿਨ ਗੁਰ ਚਰਨੀ ਮਨੁ ਲਾਗਾ॥		Saevak Bhaae Milae Vaddabhaagee Jin Gur Charanee Man Laagaa ||	Through their loving service, those very fortunate ones, whose minds are attached to the Guru's Feet, meet Him.	ਜਿਨ੍ਹਾਂ ਵੱਡੇ ਭਾਗਾਂ ਵਾਲੇ ਮਨੁੱਖਾਂ ਦਾ ਮਨ ਗੁਰੂ ਦੇ ਚਰਨਾਂ ਵਿਚ ਜੁੜ ਗਿਆ, ਉਹ ਸੇਵਕ ਭਾਵਨਾ ਦੀ ਰਾਹੀਂ (ਪਰਮਾਤਮਾ ਵਿਚ) ਮਿਲ ਗਏ।

25219	572	ਕਹੁ ਨਾਨਕ ਹਰਿ ਆਪਿ ਮਿਲਾਏ ਮਿਲਿ ਸਤਿਗੁਰ ਪੁਰਖ ਸੁਖੁ ਹੋਈ॥		Kahu Naanak Har Aap Milaaeae Mil Sathigur Purakh Sukh Hoee ||	Says Nanak, the Lord Himself causes us to meet the Guru; meeting the Almighty True Guru, peace is obtained.	ਨਾਨਕ ਆਖਦਾ ਹੈ- ਪਰਮਾਤਮਾ ਆਪ ਹੀ (ਜੀਵ ਨੂੰ ਆਪਣੇ ਨਾਲ) ਮਿਲਾਂਦਾ ਹੈ, ਤੇ, ਗੁਰੂ ਤੇ ਪਰਮਾਤਮਾ ਨੂੰ ਮਿਲ ਕੇ ਆਤਮਕ ਆਨੰਦ ਪੈਦਾ ਹੁੰਦਾ ਹੈ।
25220	572	ਗੁਰ ਜੇਵਡੁ ਗੁਰ ਜੇਵਡੁ ਦਾਤਾ ਮੈ ਅਵਰੁ ਨ ਕੋਈ॥੪॥੧॥		Gur Jaevadd Gur Jaevadd Dhaathaa Mai Avar N Koee ||4||1||	A Giver as great as the Guru, as great as the Guru - I cannot see any other. ||4||1||	ਗੁਰੂ ਦੇ ਬਰਾਬਰ ਦਾ, ਗੁਰੂ ਦੇ ਬਰਾਬਰ ਦਾ ਦਾਤਾ ਮੈਨੂੰ ਹੋਰ ਕੋਈ ਨਹੀਂ ਦਿੱਸਦਾ ॥੪॥੧॥
25221	572	ਵਡਹੰਸੁ ਮਹਲਾ ੪॥		Vaddehans Mehalaa 4 ||	Wadahans, Fourth Mehl:	
25222	572	ਹੰਉ ਗੁਰ ਬਿਨੁ ਹੰਉ ਗੁਰ ਬਿਨੁ ਖਰੀ ਨਿਮਾਣੀ ਰਾਮ॥	(ਖਰੀ) ਬਹੁਤ	Hano Gur Bin Hano Gur Bin Kharee Nimaanee Raam ||	Without the Guru, I am - without the Guru, I am totally dishonored.	ਮੈਂ ਗੁਰੂ ਤੋਂ ਬਿਨਾ, ਮੈਂ ਗੁਰੂ ਤੋਂ ਬਿਨਾ ਬਹੁਤ ਹੀ ਵਿਚਾਰੀ ਸਾਂ।
25223	572	ਜਗਜੀਵਨੁ ਜਗਜੀਵਨੁ ਦਾਤਾ ਗੁਰ ਮੇਲਿ ਸਮਾਣੀ ਰਾਮ॥	ਜੱਗਜੀਵਨੁ	Jagajeevan Jagajeevan Dhaathaa Gur Mael Samaanee Raam ||	The Life of the World, the Life of the World, the Great Giver has led me to meet and merge with the Guru.	ਜਦੋਂ ਗੁਰੂ ਦੇ ਮਿਲਾਪ ਦੀ ਰਾਹੀਂ ਜਗਤ ਦਾ ਜੀਵਨ ਦਾਤਾਰ ਪ੍ਰਭੂ ਮਿਲ ਪਿਆ ਤਾਂ ਮੈਂ ਉਸ ਲੀਨ ਹੋ ਗਈ।

25224	572	ਸਤਿਗੁਰੁ ਮੇਲਿ ਹਰਿ ਨਾਮਿ ਸਮਾਣੀ ਜਪਿ ਹਰਿ ਹਰਿ ਨਾਮੁ ਧਿਆਇਆ॥		Sathigur Mael Har Naam Samaanee Jap Har Har Naam Dhhiaaeiaa ||	Meeting with the True Guru, I have merged into the Naam, the Name of the Lord. I chant the Name of the Lord, Har, Har, and meditate on it.	ਸਤਿਗੁਰੂ ਦੇ ਮਿਲਾਉਣ ਨਾਲ ਮੈਂ ਪਰਮਾਤਮਾ ਦੇ ਨਾਮ ਵਿਚ ਲੀਨ ਹੋ ਗਈ ਤੇ ਮੈਂ ਪਰਮਾਤਮਾ ਦਾ ਨਾਮ ਜਪਣਾ ਸ਼ੁਰੂ ਕਰ ਦਿੱਤਾ, ਨਾਮ ਆਰਾਧਨਾ ਸ਼ੁਰੂ ਕਰ ਦਿੱਤਾ।
25225	572	ਜਿਸੁ ਕਾਰਣਿ ਹੰਉ ਢੂੰਢਿ ਢੂਢੇਦੀ ਸੋ ਸਜਣੁ ਹਰਿ ਘਰਿ ਪਾਇਆ॥		Jis Kaaran Hano Dtoondt Dtoodtaedhee So Sajan Har Ghar Paaeiaa ||	I was seeking and searching for Him, the Lord, my best friend, and I have found Him within the home of my own being.	ਜਿਸ ਸੱਜਣ-ਪ੍ਰਭੂ ਨੂੰ ਮਿਲਣ ਦੀ ਖ਼ਾਤਰ ਮੈਂ ਇਤਨੀ ਭਾਲ ਕਰ ਰਹੀ ਸਾਂ ਉਹ ਸੱਜਣ-ਹਰੀ ਮੈਂ ਆਪਣੇ ਹਿਰਦੇ ਵਿਚ ਲੱਭ ਲਿਆ।
25226	573	ਏਕ ਦ੍ਰਿਸ੍ਟਿ ਹਰਿ ਏਕੋ ਜਾਤਾ ਹਰਿ ਆਤਮ ਰਾਮੁ ਪਛਾਣੀ॥	ਦਰ੍ਿ ਸਟ੍ਿ	Eaek Dhrist Har Eaeko Jaathaa Har Aatham Raam Pashhaanee ||	I see the One Lord, and I know the One Lord; I realize Him within my soul.	ਮੈਂ ਇਕ ਨਿਗਾਹ ਨਾਲ ਇਕ ਪਰਮਾਤਮਾ ਨੂੰ (ਹਰ ਥਾਂ ਵੱਸਦਾ) ਸਮਝ ਲਿਆ, ਮੈਂ ਸਰਬ-ਵਿਆਪਕ ਰਾਮ ਨੂੰ ਪਛਾਣ ਲਿਆ।
25227	573	ਹੰਉ ਗੁਰ ਬਿਨੁ ਹੰਉ ਗੁਰ ਬਿਨੁ ਖਰੀ ਨਿਮਾਣੀ॥੧॥		Hano Gur Bin Hano Gur Bin Kharee Nimaanee ||1||	Without the Guru, I am - without the Guru, I am totally dishonored. ||1||	ਮੈਂ ਗੁਰੂ ਤੋਂ ਬਿਨਾ, ਮੈਂ ਗੁਰੂ ਤੋਂ ਬਿਨਾ ਬਹੁਤ ਹੀ ਵਿਚਾਰੀ ਸਾਂ ॥੧॥

25228	573	ਜਿਨਾ ਸਤਿਗੁਰੁ ਜਿਨ ਸਤਿਗੁਰੁ ਪਾਇਆ ਤਿਨ ਹਰਿ ਪ੍ਰਭੁ ਮੇਲਿ ਮਿਲਾਏ ਰਾਮ॥		Jinaa Sathigur Jin Sathigur Paaeiaa Thin Har Prabh Mael Milaaeae Raam ||	Those who have found the True Guru, the True Guru, the Lord God unites them in His Union.	ਜਿਨ੍ਹਾਂ (ਵਡਭਾਗੀਆਂ) ਨੇ ਗੁਰੂ ਲੱਭ ਲਿਆ, ਉਹਨਾਂ ਨੂੰ ਹਰਿ-ਪ੍ਰਭੂ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ।
25229	573	ਤਿਨ ਚਰਣ ਤਿਨ ਚਰਣ ਸਰੇਵਹ ਹਮ ਲਾਗਹ ਤਿਨ ਕੈ ਪਾਏ ਰਾਮ॥		Thin Charan Thin Charan Saraeveh Ham Laageh Thin Kai Paaeae Raam ||	Their feet, their feet, I adore; I fall at their feet.	ਮੈਂ ਉਹਨਾਂ ਦੇ ਚਰਨਾਂ ਦੀ ਸੇਵਾ ਕਰਨ ਨੂੰ ਤਿਆਰ ਹਾਂ, ਉਹਨਾਂ ਦੀ ਚਰਨੀਂ ਲੱਗਣ ਨੂੰ ਤਿਆਰ ਹਾਂ।
25230	573	ਹਰਿ ਹਰਿ ਚਰਣ ਸਰੇਵਹ ਤਿਨ ਕੇ ਜਿਨ ਸਤਿਗੁਰੁ ਪੁਰਖੁ ਪ੍ਰਭੁ ਧ੍ਯਾਇਆ॥	(ਸਰੇਵਹ) ਸੇਵਾ ਕਰੀਏ। ਧਿਆਇਆ	Har Har Charan Saraeveh Thin Kae Jin Sathigur Purakh Prabh Dhhyaaeiaa ||	O Lord, Har, Har, I adore the feet of those who meditate on the True Guru, and the Almighty Lord God.	ਹੇ ਹਰੀ! ਜਿਨ੍ਹਾਂ ਮਨੁੱਖਾਂ ਨੇ ਗੁਰੂ ਨੂੰ ਆਪਣੇ ਹਿਰਦੇ ਵਿਚ ਵਸਾ ਲਿਆ ਹੈ ਤੇ (ਤੈਨੂੰ) ਪ੍ਰਭੂ ਨੂੰ ਹਿਰਦੇ ਵਿਚ ਟਿਕਾ ਲਿਆ ਹੈ, ਮੈਂ ਉਹਨਾਂ ਦੀ ਸੇਵਾ ਕਰਨੀ ਚਾਹੁੰਦਾ ਹਾਂ।
25231	573	ਤੂ ਵਡਦਾਤਾ ਅੰਤਰਜਾਮੀ ਮੇਰੀ ਸਰਧਾ ਪੂਰਿ ਹਰਿ ਰਾਇਆ॥		Thoo Vaddadhaathaa Antharajaamee Maeree Saradhhaa Poor Har Raaeiaa ||	You are the Greatest Giver, the Inner-knower, the Searcher of hearts; please, reward my faith, O Lord King.	ਹੇ ਪ੍ਰਭੂ ਪਾਤਸ਼ਾਹ! ਤੂੰ ਵੱਡਾ ਦਾਤਾਰ ਹੈਂ, ਤੂੰ ਸਭ ਦੇ ਦਿਲ ਦੀ ਜਾਣਨ ਵਾਲਾ ਹੈਂ, ਮੇਰੀ ਇਹ ਤਾਂਘ ਪੂਰੀ ਕਰ, ਹੇ ਪ੍ਰਭੂ!

25232	573	ਗੁਰਸਿਖ ਮੇਲਿ ਮੇਰੀ ਸਰਧਾ ਪੂਰੀ ਅਨ ਦਿਨੁ ਰਾਮ ਗੁਣ ਗਾਏ॥		Gurasikh Mael Maeree Saradhhaa Pooree Anadhin Raam Gun Gaaeae ||	Meeting the Gursikh, my faith is rewarded; night and day, I sing the Glorious Praises of the Lord.	ਮੇਰੀ ਇਹ ਤਾਂਘ ਪੂਰੀ ਕਰ ਕਿ ਗੁਰਸਿੱਖਾਂ ਦੀ ਸੰਗਤ ਵਿਚ ਮੈਂ ਹਰ ਵੇਲੇ ਪਰਮਾਤਮਾ ਦੇ ਗੁਣ ਗਾਣ ਲੱਗ ਪਵਾਂ।
25233	573	ਜਿਨ ਸਤਿਗੁਰੁ ਜਿਨ ਸਤਿਗੁਰੁ ਪਾਇਆ ਤਿਨ ਹਰਿ ਪ੍ਰਭੁ ਮੇਲਿ ਮਿਲਾਏ॥੨॥		Jin Sathigur Jin Sathigur Paaeiaa Thin Har Prabh Mael Milaaeae ||2||	Those who have found the True Guru, the True Guru, the Lord God unites them in His Union. ||2||	ਜਿਨ੍ਹਾਂ (ਵਡ-ਭਾਗੀਆਂ) ਨੇ ਗੁਰੂ ਲੱਭ ਲਿਆ, ਉਹਨਾਂ ਨੂੰ ਹਰਿ-ਪ੍ਰਭੂ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ॥੨॥
25234	573	ਹੰਉ ਵਾਰੀ ਹੰਉ ਵਾਰੀ ਗੁਰਸਿਖ ਮੀਤ ਪਿਆਰੇ ਰਾਮ॥		Hano Vaaree Hano Vaaree Gurasikh Meeth Piaarae Raam ||	I am a sacrifice, I am a sacrifice to the Gursikhs, my dear friends.	ਮੈਂ ਸਦਕੇ ਜਾਂਦਾ ਹਾਂ, ਸਦਕੇ ਜਾਂਦਾ ਹਾਂ ਉਸ ਪਿਆਰੇ ਮਿੱਤਰ ਗੁਰ-ਸਿੱਖ ਤੋਂ,
25235	573	ਹਰਿ ਨਾਮੋ ਹਰਿ ਨਾਮੁ ਸੁਣਾਏ ਮੇਰਾ ਪ੍ਰੀਤਮੁ ਨਾਮੁ ਅਧਾਰੇ ਰਾਮ॥		Har Naamo Har Naam Sunaaeae Maeraa Preetham Naam Adhhaarae Raam ||	They chant the Lord's Name, the Lord's Name; the Beloved Naam, the Name of the Lord, is my only Support.	ਜੇਹੜਾ ਮੈਨੂੰ ਸਦਾ ਪਰਮਾਤਮਾ ਦਾ ਨਾਮ, ਪਰਮਾਤਮਾ ਦਾ ਨਾਮ ਸੁਣਾਂਦਾ ਰਹੇ। ਪਰਮਾਤਮਾ ਦਾ ਨਾਮ ਹੀ ਮੇਰਾ ਆਸਰਾ ਹੈ।

25236	573	ਹਰਿ ਹਰਿ ਨਾਮੁ ਮੇਰਾ ਪ੍ਰਾਨ ਸਖਾਈ ਤਿਸੁ ਬਿਨੁ ਘੜੀ ਨਿਮਖ ਨਹੀ ਜੀਵਾਂ॥		Har Har Naam Maeraa Praan Sakhaaee This Bin Gharree Nimakh Nehee Jeevaan ||	The Name of the Lord, Har, Har, is the companion of my breath of life; without it, I cannot live for an instant or a moment.	ਪਰਮਾਤਮਾ ਦਾ ਨਾਮ ਮੇਰੀ ਜਿੰਦ ਦਾ ਸਾਥੀ ਹੈ, ਉਸ (ਨਾਮ) ਤੋਂ ਬਿਨਾ ਮੈਂ ਇਕ ਘੜੀ ਭਰ ਅੱਖ ਦੇ ਝਮਕਣ ਜਿਤਨੇ ਸਮੇ ਲਈ ਭੀ ਨਹੀਂ ਰਹਿ ਸਕਦਾ।
25237	573	ਹਰਿ ਹਰਿ ਕ੍ਰਿਪਾ ਕਰੇ ਸੁਖਦਾਤਾ ਗੁਰਮੁਖਿ ਅੰਮ੍ਰਿਤੁ ਪੀਵਾਂ॥		Har Har Kirapaa Karae Sukhadhaathaa Guramukh Anmrith Peevaan ||	The Lord, Har, Har, the Giver of peace, shows His Mercy, and the Gurmukh drinks in the Ambrosial Nectar.	ਸੁਖਾਂ ਦੇ ਦੇਣ ਵਾਲਾ ਪ੍ਰਭੂ ਜੇ ਮੇਹਰ ਕਰੇ, ਤਾਂ ਹੀ ਮੈਂ ਗੁਰੂ ਦੇ ਸਨਮੁਖ ਰਹਿ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਸਕਦਾ ਹਾਂ।
25238	573	ਹਰਿ ਆਪੇ ਸਰਧਾ ਲਾਇ ਮਿਲਾਏ ਹਰਿ ਆਪੇ ਆਪਿ ਸਵਾਰੇ॥		Har Aapae Saradhhaa Laae Milaaeae Har Aapae Aap Savaarae ||	The Lord blesses him with faith, and unites him in His Union; He Himself adorns him.	ਪਰਮਾਤਮਾ ਆਪ ਹੀ ਆਪਣੇ (ਮਿਲਾਪ ਦੀ) ਤਾਂਘ ਪੈਦਾ ਕਰਦਾ ਹੈ ਤੇ ਆਪਣੇ ਚਰਨਾਂ ਵਿਚ ਜੋੜਦਾ ਹੈ ਤੇ ਪਰਮਾਤਮਾ ਆਪ ਹੀ (ਆਪਣਾ ਨਾਮ ਦੇ ਕੇ ਮਨੁੱਖ ਦਾ ਜੀਵਨ) ਸੋਹਣਾ ਬਣਾਂਦਾ ਹੈ।
25239	573	ਹੰਉ ਵਾਰੀ ਹੰਉ ਵਾਰੀ ਗੁਰਸਿਖ ਮੀਤ ਪਿਆਰੇ॥੩॥		Hano Vaaree Hano Vaaree Gurasikh Meeth Piaarae ||3||	I am a sacrifice, I am a sacrifice to the Gursikhs, my dear friends. ||3||	ਮੈਂ ਗੁਰੂ ਦੇ ਸਿੱਖ ਤੋਂ ਪਿਆਰੇ ਮਿੱਤਰ ਤੋਂ ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ ॥੩॥

25240	573	ਹਰਿ ਆਪੇ ਹਰਿ ਆਪੇ ਪੁਰਖੁ ਨਿਰੰਜਨੁ ਸੋਈ ਰਾਮ॥		Har Aapae Har Aapae Purakh Niranjan Soee Raam ||	The Lord Himself, the Lord Himself, is the Immaculate Almighty Lord God.	ਪ੍ਰਭੂ ਆਪ ਹੀ, ਆਪ ਹੀ ਸਰਬ-ਵਿਆਪਕ ਤੇ ਮਾਇਆ ਦੇ ਪ੍ਰਭਾਵ ਤੋਂ ਰਹਿਤ ਹੈ।
25241	573	ਹਰਿ ਆਪੇ ਹਰਿ ਆਪੇ ਮੇਲੈ ਕਰੈ ਸੋ ਹੋਈ ਰਾਮ॥		Har Aapae Har Aapae Maelai Karai So Hoee Raam ||	The Lord Himself, the Lord Himself, unites us with Himself; that which He does, comes to pass.	ਪ੍ਰਭੂ ਆਪ ਹੀ, ਆਪ ਹੀ ਜਿਵਾਂ ਨੂੰ ਮਿਲਾਂਦਾ ਹੈ, ਜੋ ਕੁਝ ਉਹ ਕਰਦਾ ਹੈ ਉਹੀ ਵਰਤਦਾ ਹੈ।
25242	573	ਜੋ ਹਰਿ ਪ੍ਰਭ ਭਾਵੈ ਸੋਈ ਹੋਵੈ ਅਵਰੁ ਨ ਕਰਣਾ ਜਾਈ॥		Jo Har Prabh Bhaavai Soee Hovai Avar N Karanaa Jaaee ||	Whatever is pleasing to the Lord God, that alone comes to pass; nothing else can be done.	ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ, (ਉਸ ਦੀ ਰਜ਼ਾ ਦੇ ਉਲਟ) ਹੋਰ ਕੁਝ ਭੀ ਨਹੀਂ ਕੀਤਾ ਜਾ ਸਕਦਾ।
25243	573	ਬਹੁਤੁ ਸਿਆਣਪ ਲਇਆ ਨ ਜਾਈ ਕਰਿ ਥਾਕੇ ਸਭਿ ਚਤੁਰਾਈ॥		Bahuth Siaanap Laeiaa N Jaaee Kar Thhaakae Sabh Chathuraaee ||	Even by very clever tricks, He cannot be obtained; all have grown weary of practicing cleverness.	ਭਾਵੇਂ ਮਨੁੱਖ ਕਿਨੀ ਵੀ ਸਿਆਣਪ ਦੀ ਵਰਤੋਂ ਕਰੇ (ਪ੍ਰਭੂ ਦੀ ਰਜ਼ਾ ਦੇ ਉਲਟ ਕੁਝ ਨਹੀਂ ਕਰ ਸਕਦਾ) ਆਖਰ ਇਨਸਾਨ ਥਕ ਜਾਂਦਾ ਹੈ।
25244	573	ਗੁਰ ਪ੍ਰਸਾਦਿ ਜਨ ਨਾਨਕ ਦੇਖਿਆ ਮੈ ਹਰਿ ਬਿਨੁ ਅਵਰੁ ਨ ਕੋਈ॥		Gur Prasaadh Jan Naanak Dhaekhiaa Mai Har Bin Avar N Koee ||	By Guru's Grace, servant Nanak beholds the Lord; without the Lord, I have no other at all.	ਹੇ ਦਾਸ ਨਾਨਕ! ਮੈਂ ਗੁਰੂ ਦੀ ਕਿਰਪਾ ਨਾਲ (ਉਸ ਪਰਮਾਤਮਾ ਦਾ) ਦਰਸਨ ਕੀਤਾ ਹੈ, ਤੇ ਮੈਨੂੰ ਪਰਮਾਤਮਾ ਤੋਂ ਬਿਨਾ ਹੋਰ ਕੋਈ (ਸਹਾਰਾ) ਨਹੀਂ (ਦਿੱਸਦਾ)।

25245	573	ਹਰਿ ਆਪੇ ਹਰਿ ਆਪੇ ਪੁਰਖੁ ਨਿਰੰਜਨੁ ਸੋਈ॥੪॥੨॥		Har Aapae Har Aapae Purakh Niranjan Soee ||4||2||	The Lord Himself, the Lord Himself, is the Immaculate Almighty Lord God. ||4||2||	ਪ੍ਰਭੂ ਆਪ ਹੀ, ਆਪ ਹੀ ਸਰਬ-ਵਿਆਪਕ ਤੇ ਮਾਇਆ ਦੇ ਪ੍ਰਭਾਵ ਤੋਂ ਰਹਿਤ ਹੈ ॥੪॥੨॥
25246	573	ਵਡਹੰਸੁ ਮਹਲਾ ੪॥		Vaddehans Mehalaa 4 ||	Wadahans, Fourth Mehl:	
25247	573	ਹਰਿ ਸਤਿਗੁਰ ਹਰਿ ਸਤਿਗੁਰ ਮੇਲਿ ਹਰਿ ਸਤਿਗੁਰ ਚਰਣ ਹਮ ਭਾਇਆ ਰਾਮ॥		Har Sathigur Har Sathigur Mael Har Sathigur Charan Ham Bhaaeiaa Raam ||	The Lord, the True Guru, the Lord, the True Guru - if only I could meet the Lord, the True Guru; His Lotus Feet are so pleasing to me.	ਹੇ ਹਰੀ! ਮੈਨੂੰ ਗੁਰੂ ਦੇ ਚਰਨਾਂ ਵਿਚ ਰੱਖ, ਮੈਨੂੰ ਗੁਰੂ ਦੇ ਚਰਨਾਂ ਵਿਚ ਰੱਖ, ਗੁਰੂ ਦੇ ਚਰਨ ਮੈਨੂੰ ਪਿਆਰੇ ਲੱਗਦੇ ਹਨ।
25248	573	ਤਿਮਰ ਅਗਿਆਨੁ ਗਵਾਇਆ ਗੁਰ ਗਿਆਨੁ ਅੰਜਨੁ ਗੁਰਿ ਪਾਇਆ ਰਾਮ॥	(ਤਿਮਰ) ਹਨੇਰਾ	Thimar Agiaan Gavaaeiaa Gur Giaan Anjan Gur Paaeiaa Raam ||	The darkness of my ignorance was dispelled, when the Guru applied the healing ointment of spiritual wisdom to my eyes.	ਜਿਸ ਨੇ ਗੁਰੂ ਦੀ ਰਾਹੀਂ ਆਤਮਕ ਜੀਵਨ ਦੀ ਸੂਝ (ਦਾ) ਸੁਰਮਾ ਹਾਸਲ ਕਰ ਲਿਆ, ਉਸ ਦਾ ਆਤਮਕ ਜੀਵਨ ਵਲੋਂ ਬੇਸਮਝੀ (ਦਾ) ਹਨੇਰਾ ਦੂਰ ਹੋ ਗਿਆ।

25249	573	ਗੁਰ ਗਿਆਨ ਅੰਜਨੁ ਸਤਿਗੁਰੂ ਪਾਇਆ ਅਗਿਆਨ ਅੰਧੇਰ ਬਿਨਾਸੇ॥		Gur Giaan Anjan Sathiguroo Paaeiaa Agiaan Andhhaer Binaasae ||	The True Guru has applied the healing ointment of spiritual wisdom to my eyes, and the darkness of ignorance has been dispelled.	ਜਿਸ ਨੇ ਗੁਰੂ ਪਾਸੋਂ ਗਿਆਨ ਦਾ ਸੁਰਮਾ ਲੈ ਲਿਆ ਉਸ ਦੇ ਅਗਿਆਨ ਦੇ ਹਨੇਰੇ ਨਾਸ ਹੋ ਜਾਂਦੇ ਹਨ,
25250	573	ਸਤਿਗੁਰ ਸੇਵਿ ਪਰਮਪਦੁ ਪਾਇਆ ਹਰਿ ਜਪਿਆ ਸਾਸ ਗਿਰਾਸੇ॥		Sathigur Saev Param Padh Paaeiaa Har Japiaa Saas Giraasae ||	Serving the Guru, I have obtained the supreme status; I meditate on the Lord with every breath, and every morsel of food.	ਤੇ ਗੁਰੂ ਦੀ ਦੱਸੀ ਸੇਵਾ ਕਰ ਕੇ ਉਸ ਨੂੰ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਹੁੰਦਾ ਹੈ, ਅਤੇ ਉਹ ਹਰੇਕ ਸਾਹ ਤੇ ਹਰੇਕ ਗਿਰਾਹੀ ਨਾਲ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ।
25251	573	ਜਿਨ ਕੰਉ ਹਰਿ ਪ੍ਰਭਿ ਕਿਰਪਾ ਧਾਰੀ ਤੇ ਸਤਿਗੁਰ ਸੇਵਾ ਲਾਇਆ॥		Jin Kano Har Prabh Kirapaa Dhhaaree Thae Sathigur Saevaa Laaeiaa ||	Those, upon whom the Lord God has bestowed His Grace, are committed to the service of the True Guru.	ਹਰਿ-ਪ੍ਰਭੂ ਨੇ ਜਿਨ੍ਹਾਂ ਉਤੇ ਮੇਹਰ ਕੀਤੀ, ਉਹਨਾਂ ਨੂੰ ਗੁਰੂ ਦੀ ਸੇਵਾ ਵਿਚ ਜੋੜ ਦਿੱਤਾ।
25252	573	ਹਰਿ ਸਤਿਗੁਰ ਹਰਿ ਸਤਿਗੁਰ ਮੇਲਿ ਹਰਿ ਸਤਿਗੁਰ ਚਰਣ ਹਮ ਭਾਇਆ॥੧॥		Har Sathigur Har Sathigur Mael Har Sathigur Charan Ham Bhaaeiaa ||1||	The Lord, the True Guru, the Lord, the True Guru - if only I could meet the Lord, the True Guru; His Lotus Feet are so pleasing to me. ||1||	ਹੇ ਹਰੀ! ਮੈਨੂੰ ਗੁਰੂ ਦੇ ਚਰਨਾਂ ਵਿਚ ਰੱਖ, ਗੁਰੂ ਦੇ ਚਰਨਾਂ ਵਿਚ ਰੱਖ, ਗੁਰੂ ਦੇ ਚਰਨ ਮੈਨੂੰ ਪਿਆਰੇ ਲੱਗਦੇ ਹਨ ॥੧॥

25253	573	ਮੇਰਾ ਸਤਿਗੁਰੁ ਮੇਰਾ ਸਤਿਗੁਰੁ ਪਿਆਰਾ ਮੈ ਗੁਰ ਬਿਨੁ ਰਹਣੁ ਨ ਜਾਈ ਰਾਮ॥		Maeraa Sathigur Maeraa Sathigur Piaaraa Mai Gur Bin Rehan N Jaaee Raam ||	My True Guru, my True Guru is my Beloved; without the Guru, I cannot live.	ਮੇਰਾ ਸਤਿਗੁਰੂ, ਮੇਰਾ ਸਤਿਗੁਰੂ ਮੈਨੂੰ ਬਹੁਤ ਪਿਆਰਾ ਲੱਗਦਾ ਹੈ, ਗੁਰੂ ਤੋਂ ਬਿਨਾ ਮੈਥੋਂ ਰਿਹਾ ਨਹੀਂ ਜਾ ਸਕਦਾ।
25254	573	ਹਰਿ ਨਾਮੋ ਹਰਿ ਨਾਮੁ ਦੇਵੈ ਮੇਰਾ ਅੰਤਿ ਸਖਾਈ ਰਾਮ॥		Har Naamo Har Naam Dhaevai Maeraa Anth Sakhaaee Raam ||	He gives me the Name of the Lord, the Name of the Lord, my only companion in the end.	ਗੁਰੂ ਮੈਨੂੰ ਉਹ ਹਰਿ-ਨਾਮ ਦੇਂਦਾ ਹੈ ਜੋਹੜਾ ਅੰਤ ਵੇਲੇ ਮੇਰਾ ਸਾਥੀ ਬਣੇਗਾ।
25255	573	ਹਰਿ ਹਰਿ ਨਾਮੁ ਮੇਰਾ ਅੰਤਿ ਸਖਾਈ ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ॥		Har Har Naam Maeraa Anth Sakhaaee Gur Sathigur Naam Dhrirraaeiaa ||	The Name of the Lord, Har, Har, is my only companion in the end; the Guru, the True Guru, has implanted the Naam, the Name of the Lord, within me.	ਸਤਿਗੁਰੂ ਨੇ ਮੇਰੇ ਅੰਦਰ ਹਰਿ-ਨਾਮ ਪੱਕਾ ਕਰ ਦਿੱਤਾ ਹੈ ਤੇ ਹਰਿ-ਹਰਿ-ਨਾਮ ਅੰਤ ਵੇਲੇ ਮੇਰਾ ਸਾਥੀ ਬਣੇਗਾ,
25256	573	ਜਿਥੈ ਪੁਤੁ ਕਲਤ੍ਰੁ ਕੋਈ ਬੇਲੀ ਨਾਹੀ ਤਿਥੈ ਹਰਿ ਹਰਿ ਨਾਮਿ ਛਡਾਇਆ॥	ਕ-ਲੱਤ੍ਰੁ	Jithhai Puth Kalathra Koee Baelee Naahee Thithhai Har Har Naam Shhaddaaeiaa ||	There, where neither child nor spouse shall accompany you, the Name of the Lord, Har, Har shall emancipate you.	ਜਿਥੇ ਪੁਤ੍ਰ ਜਾਂ ਇਸਤ੍ਰੀ ਕੋਈ ਭੀ ਮਦਦਗਾਰ ਨਹੀਂ ਬਣਦਾ, ਉਥੇ ਹਰਿ-ਹਰਿ-ਨਾਮ ਨੇ ਹੀ ਛੁਡਾਣਾ ਹੈ।

25257	573	ਧਨੁ ਧਨੁ ਸਤਿਗੁਰੁ ਪੁਰਖੁ ਨਿਰੰਜਨੁ ਜਿਤੁ ਮਿਲਿ ਹਰਿ ਨਾਮੁ ਧਿਆਈ॥		Dhhan Dhhan Sathigur Purakh Niranjan Jith Mil Har Naam Dhhiaaee ||	Blessed, blessed is the True Guru, the Immaculate, Almighty Lord God; meeting Him, I meditate on the Name of the Lord.	ਸਤਿਗੁਰੂ ਧੰਨ ਧੰਨ ਹੈ, ਨਿਰਲੇਪ ਪਰਮਾਤਮਾ ਦਾ ਰੂਪ ਹੈ, ਜਿਸ ਵਿਚ ਲੀਨ ਹੋ ਕੇ ਮੈਂ ਪਰਮਾਤਮਾ ਦਾ ਨਾਮ ਸਿਮਰਦਾ ਹਾਂ।
25258	573	ਮੇਰਾ ਸਤਿਗੁਰੁ ਮੇਰਾ ਸਤਿਗੁਰੁ ਪਿਆਰਾ ਮੈ ਗੁਰ ਬਿਨੁ ਰਹਣੁ ਨ ਜਾਈ॥੨॥		Maeraa Sathigur Maeraa Sathigur Piaaraa Mai Gur Bin Rehan N Jaaee ||2||	My True Guru, my True Guru is my Beloved; without the Guru, I cannot live. ||2||	ਮੇਰਾ ਸਤਿਗੁਰੂ, ਮੇਰਾ ਸਤਿਗੁਰੂ ਮੈਨੂੰ ਬਹੁਤ ਪਿਆਰਾ ਲੱਗਦਾ ਹੈ, ਗੁਰੂ ਤੋਂ ਬਿਨਾ ਮੈਂ ਰਹਿ ਨਹੀਂ ਸਕਦਾ ॥੨॥
25259	574	ਜਿਨੀ ਦਰਸਨੁ ਜਿਨੀ ਦਰਸਨੁ ਸਤਿਗੁਰ ਪੁਰਖ ਨ ਪਾਇਆ ਰਾਮ॥		Jinee Dharasan Jinee Dharasan Sathigur Purakh N Paaeiaa Raam ||	Those who have not obtained the Blessed Vision, the Blessed Vision of the Darshan of the True Guru, the Almighty Lord God,	ਜਿਨ੍ਹਾਂ ਨੇ, ਜਿਨ੍ਹਾਂ ਨੇ ਗੁਰੂ ਮਹਾਪੁਰਖ ਦਾ ਦਰਸਨ ਨਹੀਂ ਕੀਤਾ,
25260	574	ਤਿਨ ਨਿਹਫਲੁ ਤਿਨ ਨਿਹਫਲੁ ਜਨਮੁ ਸਭੁ ਬ੍ਰਿਥਾ ਗਵਾਇਆ ਰਾਮ॥	ਬ੍ਰਿਥਾ	Thin Nihafal Thin Nihafal Janam Sabh Brithhaa Gavaaeiaa Raam ||	They have fruitlessly, fruitlessly wasted their whole lives in vain.	ਉਹਨਾਂ ਦਾ ਜਨਮ ਬੇ-ਫ਼ਾਇਦਾ, ਬੇ-ਫ਼ਾਇਦਾ ਗਿਆ, ਤੇ ਉਹਨਾਂ ਨੇ ਜੀਵਨ ਵਿਅਰਥ ਗਵਾ ਲਿਆ।

25261	574	ਨਿਹਫਲੁ ਜਨਮੁ ਤਿਨ ਬ੍ਰਿਥਾ ਗਵਾਇਆ ਤੇ ਸਾਕਤ ਮੁਏ ਮਰਿ ਝੂਰੇ॥		Nihafal Janam Thin Brithhaa Gavaaeiaa Thae Saakath Mueae Mar Jhoorae ||	They have wasted away their whole lives in vain; those faithless cynics die a regretful death.	ਉਹਨਾਂ ਨੇ ਆਪਣਾ ਜਨਮ ਵਿਅਰਥ ਅਕਾਰਥ ਗਵਾ ਲਿਆ, ਪਰਮਾਤਮਾ ਨਾਲੋਂ ਟੁੱਟੇ ਹੋਏ ਉਹ ਮਨੁੱਖ ਆਤਮਕ ਮੌਤੇ ਮਰ ਗਏ।
25262	574	ਘਰਿ ਹੋਦੈ ਰਤਨਿ ਪਦਾਰਥਿ ਭੂਖੇ ਭਾਗਹੀਣ ਹਰਿ ਦੂਰੇ॥		Ghar Hodhai Rathan Padhaarathh Bhookhae Bhaageheen Har Dhoorae ||	They have the jewel-treasure in their own homes, but still, they are hungry; those unlucky wretches are far away from the Lord.	ਹਿਰਦੇ-ਘਰ ਵਿਚ ਕੀਮਤੀ ਨਾਮ-ਰਤਨ ਹੁੰਦਿਆਂ ਭੀ ਉਹ ਬਦ-ਨਸੀਬ ਮਰੂੰ-ਮਰੂੰ ਕਰਦੇ ਰਹੇ, ਤੇ, ਪਰਮਾਤਮਾ ਤੋਂ ਵਿਛੁੜੇ ਰਹੇ।
25263	574	ਹਰਿ ਹਰਿ ਤਿਨ ਕਾ ਦਰਸੁ ਨ ਕਰੀਅਹੁ ਜਿਨੀ ਹਰਿ ਹਰਿ ਨਾਮੁ ਨ ਧਿਆਇਆ॥		Har Har Thin Kaa Dharas N Kareeahu Jinee Har Har Naam N Dhhiaaeiaa ||	O Lord, please, let me not see those who do not meditate on the Name of the Lord, Har, Har,	ਰੱਬ ਕਰ ਕੇ ਤੁਸਾਂ ਉਹਨਾਂ ਦਾ ਦਰਸਨ ਨਾਹ ਕਰਨਾ ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਨਹੀਂ ਸਿਮਰਿਆ,
25264	574	ਜਿਨੀ ਦਰਸਨੁ ਜਿਨੀ ਦਰਸਨੁ ਸਤਿਗੁਰ ਪੁਰਖ ਨ ਪਾਇਆ॥੩॥		Jinee Dharasan Jinee Dharasan Sathigur Purakh N Paaeiaa ||3||	And who have not obtained the Blessed Vision, the Blessed Vision of the Darshan of the True Guru, the Almighty Lord God. ||3||	ਤੇ ਜਿਨ੍ਹਾਂ ਨੇ ਗੁਰੂ ਮਹਾਪੁਰਖ ਦਾ ਦਰਸਨ, ਦਰਸਨ ਨਹੀਂ ਕੀਤਾ ॥੩॥

25265	574	ਹਮ ਚਾਤ੍ਰਿਕ ਹਮ ਚਾਤ੍ਰਿਕ ਦੀਨ ਹਰਿ ਪਾਸਿ ਬੇਨੰਤੀ ਰਾਮ॥		Ham Chaathrik Ham Chaathrik Dheen Har Paas Baenanthee Raam ||	I am a song-bird, I am a meek song-bird; I offer my prayer to the Lord.	ਮੈਂ ਨਿਮਾਣਾ ਪਪੀਹਾ, ਨਿਮਾਣਾ ਪਪੀਹਾ ਹਾਂ ਤੇ ਮੈਂ ਪਰਮਾਤਮਾ ਪਾਸ ਬੇਨਤੀ ਕਰਦਾ ਹਾਂ,
25266	574	ਗੁਰ ਮਿਲਿ ਗੁਰ ਮੇਲਿ ਮੇਰਾ ਪਿਆਰਾ ਹਮ ਸਤਿਗੁਰ ਕਰਹ ਭਗਤੀ ਰਾਮ॥		Gur Mil Gur Mael Maeraa Piaaraa Ham Sathigur Kareh Bhagathee Raam ||	If only I could meet the Guru, meet the Guru, O my Beloved; I dedicate myself to the devotional worship of the True Guru.	ਕਿ ਮੈਨੂੰ ਮੇਰਾ ਪਿਆਰਾ ਗੁਰੂ ਮਿਲਾ, ਗੁਰੂ ਸਤਿਗੁਰੂ ਨੂੰ ਮਿਲ ਕੇ ਮੈਂ ਪਰਮਾਤਮਾ ਦੀ ਭਗਤੀ ਕਰਾਂਗਾ।
25267	574	ਹਰਿ ਹਰਿ ਸਤਿਗੁਰ ਕਰਹ ਭਗਤੀ ਜਾਂ ਹਰਿ ਪ੍ਰਭੁ ਕਿਰਪਾ ਧਾਰੇ॥		Har Har Sathigur Kareh Bhagathee Jaan Har Prabh Kirapaa Dhhaarae ||	I worship the Lord, Har, Har, and the True Guru; the Lord God has granted His Grace.	ਗੁਰੂ ਨੂੰ ਮਿਲ ਕੇ ਪਰਮਾਤਮਾ ਦੀ ਭਗਤੀ ਅਸੀਂ ਤਦੋਂ ਹੀ ਕਰ ਸਕਦੇ ਹਾਂ ਜਦੋਂ ਪਰਮਾਤਮਾ ਕਿਰਪਾ ਕਰਦਾ ਹੈ।
25268	574	ਮੈ ਗੁਰ ਬਿਨੁ ਅਵਰੁ ਨ ਕੋਈ ਬੇਲੀ ਗੁਰੁ ਸਤਿਗੁਰੁ ਪ੍ਰਾਣ ਹਮ੍ਾਰੇ॥		Mai Gur Bin Avar N Koee Baelee Gur Sathigur Praan Hamhaarae ||	Without the Guru, I have no other friend. The Guru, the True Guru, is my very breath of life.	ਗੁਰੂ ਤੋਂ ਬਿਨਾ ਮੈਨੂੰ ਕੋਈ ਹੋਰ ਮਦਦਗਾਰ ਨਹੀਂ ਦਿੱਸਦਾ, ਗੁਰੂ ਹੀ ਮੇਰੀ ਜ਼ਿੰਦਗੀ (ਦਾ ਆਸਰਾ) ਹੈ।

25269	574	ਕਹੁ ਨਾਨਕ ਗੁਰਿ ਨਾਮੁ ਦ੍ਰਿੜਾਇਆ ਹਰਿ ਹਰਿ ਨਾਮੁ ਹਰਿ ਸਤੀ॥	(ਸੱਤੀ) ਸੱਤ ਸਦਾ ਰਹਿਣ ਵਾਲਾ	Kahu Naanak Gur Naam Dhrirrhaaeiaa Har Har Naam Har Sathee ||	Says Nanak, the Guru has implanted the Naam within me; the Name of the Lord, Har, Har, the True Name.	ਨਾਨਕ ਆਖਦਾ ਹੈ- ਕਿ ਗੁਰੂ ਨੇ ਮੇਰੇ ਹਿਰਦੇ ਹਰਿ-ਨਾਮ ਪੱਕਾ ਕੀਤਾ ਹੈ ਜੋ ਸਦਾ ਕਾਇਮ ਰਹਿਣ ਵਾਲਾ ਹੈ।
25270	574	ਹਮ ਚਾਤ੍ਰਿਕ ਹਮ ਚਾਤ੍ਰਿਕ ਦੀਨ ਹਰਿ ਪਾਸਿ ਬੇਨੰਤੀ॥੪॥੩॥		Ham Chaathrik Ham Chaathrik Dheen Har Paas Baenanthee ||4||3||	I am a song-bird, I am a meek song-bird; I offer my prayer to the Lord. ||4||3||	ਮੈਂ ਨਿਮਾਣਾ ਪਪੀਹਾ, ਨਿਮਾਣਾ ਪਪੀਹਾ ਹਾਂ ਤੇ ਮੈਂ ਪਰਮਾਤਮਾ ਪਾਸ ਬੇਨਤੀ ਕਰਦਾ ਹਾਂ ॥੪॥੩॥
25271	574	ਵਡਹੰਸੁ ਮਹਲਾ ੪॥		Vaddehans Mehalaa 4 ||	Wadahans, Fourth Mehl:	
25272	574	ਹਰਿ ਕਿਰਪਾ ਹਰਿ ਕਿਰਪਾ ਕਰਿ ਸਤਿਗੁਰੁ ਮੇਲਿ ਸੁਖਦਾਤਾ ਰਾਮ॥		Har Kirapaa Har Kirapaa Kar Sathigur Mael Sukhadhaathaa Raam ||	O Lord, show Your Mercy, show Your Mercy, and let me meet the True Guru, the Giver of peace.	ਹੇ ਹਰੀ, ਮੇਹਰ ਕਰ! ਹੇ ਹਰੀ, ਮੇਹਰ ਕਰ! ਮੈਨੂੰ ਆਤਮਕ ਆਨੰਦ ਦੇਣ ਵਾਲਾ ਗੁਰੂ ਮਿਲਾ,
25273	574	ਹਮ ਪੂਛਹ ਹਮ ਪੂਛਹ ਸਤਿਗੁਰ ਪਾਸਿ ਹਰਿ ਬਾਤਾ ਰਾਮ॥	ਬਾਤਾਂ	Ham Pooshheh Ham Pooshheh Sathigur Paas Har Baathaa Raam ||	I go and ask, I go and ask from the True Guru, about the sermon of the Lord.	ਮੈਂ ਗੁਰੂ ਪਾਸੋਂ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਪੁੱਛਿਆ ਕਰਾਂਗਾ।

25274	574	ਸਤਿਗੁਰ ਪਾਸਿ ਹਰਿ ਬਾਤ ਪੂਛਹ ਜਿਨਿ ਨਾਮੁ ਪਦਾਰਥੁ ਪਾਇਆ॥		Sathigur Paas Har Baath Pooshheh Jin Naam Padhaarathh Paaeiaa ||	I ask about the sermon of the Lord from the True Guru, who has obtained the treasure of the Naam.	ਉਸ ਗੁਰੂ ਪਾਸੋਂ ਮੈਂ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਪੁੱਛਿਆ ਕਰਾਂਗਾ, ਜਿਸ ਨੇ ਪਰਮਾਤਮਾ ਦਾ ਅਮੋਲਕ ਨਾਮ-ਰਤਨ ਹਾਸਲ ਕੀਤਾ ਹੋਇਆ ਹੈ।
25275	574	ਪਾਇ ਲਗਹ ਨਿਤ ਕਰਹ ਬਿਨੰਤੀ ਗੁਰਿ ਸਤਿਗੁਰਿ ਪੰਥੁ ਬਤਾਇਆ॥		Paae Lageh Nith Kareh Binanthee Gur Sathigur Panthh Bathaaeiaa ||	I bow at His Feet constantly, and pray to Him; the Guru, the True Guru, has shown me the Way.	ਜਿਸ ਗੁਰੂ ਨੇ ਜੀਵਨ ਦਾ ਸਹੀ ਰਸਤਾ ਦੱਸਿਆ ਹੈ, ਮੈਂ ਉਸ ਗੁਰੂ ਦੀ ਸਦਾ ਚਰਨੀਂ ਲੱਗਾਂਗਾ ਤੇ ਉਸ ਗੁਰੂ ਅੱਗੇ ਬੇਨਤੀ ਕਰਾਂਗਾ।
25276	574	ਸੋਈ ਭਗਤੁ ਦੁਖੁ ਸੁਖੁ ਸਮਤੁ ਕਰਿ ਜਾਣੈ ਹਰਿ ਹਰਿ ਨਾਮਿ ਹਰਿ ਰਾਤਾ॥	ਸਮ-ਤੁ	Soee Bhagath Dhukh Sukh Samath Kar Jaanai Har Har Naam Har Raathaa ||	He alone is a devotee, who looks alike upon pleasure and pain; he is imbued with the Name of the Lord, Har, Har.	ਉਹ (ਗੁਰੂ) ਹੀ (ਅਸਲ) ਭਗਤ ਹੈ, ਗੁਰੂ ਦੁਖ ਤੇ ਸੁਖ ਨੂੰ ਇਕੋ ਜਿਹਾ ਕਰ ਕੇ ਜਾਣਦਾ ਹੈ, ਗੁਰੂ ਸਦਾ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗਿਆ ਰਹਿੰਦਾ ਹੈ।

25277	574	ਹਰਿ ਕਿਰਪਾ ਹਰਿ ਕਿਰਪਾ ਕਰਿ ਗੁਰੁ ਸਤਿਗੁਰੁ ਮੇਲਿ ਸੁਖਦਾਤਾ॥੧॥		Har Kirapaa Har Kirapaa Kar Gur Sathigur Mael Sukhadhaathaa ||1||	O Lord, show Your Mercy, show Your Mercy, and let me meet the True Guru, the Giver of peace. ||1||	ਹੇ ਹਰੀ, ਮੇਹਰ ਕਰ! ਹੇ ਹਰੀ, ਮੇਹਰ ਕਰ! ਮੈਨੂੰ ਆਤਮਕ ਆਨੰਦ ਦੇਣ ਵਾਲਾ ਗੁਰੂ ਮਿਲਾ ॥੧॥
25278	574	ਸੁਣਿ ਗੁਰਮੁਖਿ ਸੁਣਿ ਗੁਰਮੁਖਿ ਨਾਮਿ ਸਭਿ ਬਿਨਸੇ ਹੰਉਮੈ ਪਾਪਾ ਰਾਮ॥		Sun Guramukh Sun Guramukh Naam Sabh Binasae Hanoumai Paapaa Raam ||	Listen as Gurmukh, listen as Gurmukh, to the Naam, the Name of the Lord; all egotism and sins are eradicated.	ਜੋ ਗੁਰੂ ਦੀ ਸਰਨ ਪੈ ਕੇ ਗੁਰਮਤ ਸੁਣਦਾ ਹੈ, ਉਸ ਦੇ ਨਾਮ ਦੀ ਰਾਹੀਂ ਹਉਮੈ ਆਦਿਕ ਸਾਰੇ ਪਾਪ ਨਾਸ ਹੋ ਜਾਂਦੇ ਹਨ।
25279	574	ਜਪਿ ਹਰਿ ਹਰਿ ਜਪਿ ਹਰਿ ਹਰਿ ਨਾਮੁ ਲਥਿਅੜੇ ਜਗਿ ਤਾਪਾ ਰਾਮ॥	ਲੱਥਿਅੜੇ	Jap Har Har Jap Har Har Naam Lathhiarrae Jag Thaapaa Raam ||	Chanting the Name of the Lord, Har, Har, chanting the Name of the Lord, Har, Har, the troubles of the world vanish.	ਹਰਿ-ਨਾਮ ਜਪ ਕੇ, ਹਰਿ-ਨਾਮ ਜਪ ਕੇ ਜਗਤ ਵਿਚ (ਜਿਤਨੇ ਭੀ) ਦੁੱਖ-ਕਲੇਸ਼ (ਹਨ ਉਹ ਸਾਰੇ) ਲਹਿ ਜਾਂਦੇ ਹਨ।
25280	574	ਹਰਿ ਹਰਿ ਨਾਮੁ ਜਿਨੀ ਆਰਾਧਿਆ ਤਿਨ ਕੇ ਦੁਖ ਪਾਪ ਨਿਵਾਰੇ॥		Har Har Naam Jinee Aaraadhhiaa Thin Kae Dhukh Paap Nivaarae ||	Those who contemplate the Name of the Lord, Har, Har, are rid of their suffering and sins.	ਜਿਨ੍ਹਾਂ ਨੇ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਹਨਾਂ ਦੇ ਸਾਰੇ ਦੁੱਖ ਪਾਪ ਦੂਰ ਹੋ ਜਾਂਦੇ ਹਨ।

25281	574	ਸਤਿਗੁਰਿ ਗਿਆਨ ਖੜਗੁ ਹਥਿ ਦੀਨਾ ਜਮਕੰਕਰ ਮਾਰਿ ਬਿਦਾਰੇ॥	ਹੱਥਿ	Sathigur Giaan Kharrag Hathh Dheenaa Jamakankar Maar Bidhaarae ||	The True Guru has placed the sword of spiritual wisdom in my hands; I have overcome and slain the Messenger of Death.	ਜਿਨ੍ਹਾਂ ਨੂੰ ਗੁਰੂ ਨੇ ਹੱਥ ਵਿਚ ਆਤਮਕ ਜੀਵਨ ਦੀ ਸੂਝ ਦਾ ਖੰਡਾ ਫੜਾ ਦਿੱਤਾ ਉਨ੍ਹਾਂ ਦੇ ਜਮਰਾਜ ਦੇ ਦੂਤ ਮਰ ਮੁਕਾ ਗਏ।
25282	574	ਹਰਿ ਪ੍ਰਭਿ ਕ੍ਰਿਪਾ ਧਾਰੀ ਸੁਖਦਾਤੇ ਦੁਖ ਲਾਥੇ ਪਾਪ ਸੰਤਾਪਾ॥		Har Prabh Kirapaa Dhhaaree Sukhadhaathae Dhukh Laathhae Paap Santhaapaa ||	The Lord God, the Giver of peace, has granted His Grace, and I am rid of pain, sin and disease.	ਸੁਖਾਂ ਦੇ ਦਾਤੇ ਹਰੀ-ਪ੍ਰਭੂ ਨੇ ਜਿਸ ਮਨੁੱਖ ਉਤੇ ਮੇਹਰ ਕੀਤੀ, ਉਸ ਦੇ ਸਾਰੇ ਦੁੱਖ ਪਾਪ ਕਲੇਸ਼ ਲਹਿ ਗਏ।
25283	574	ਸੁਣਿ ਗੁਰਮੁਖਿ ਸੁਣਿ ਗੁਰਮੁਖਿ ਨਾਮੁ ਸਭਿ ਬਿਨਸੇ ਹੰਉਮੈ ਪਾਪਾ॥੨॥		Sun Guramukh Sun Guramukh Naam Sabh Binasae Hanoumai Paapaa ||2||	Listen as Gurmukh, listen as Gurmukh, to the Naam, the Name of the Lord; all egotism and sins are eradicated. ||2||	ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸੁਣਿਆ ਕਰ ਇੰਜ ਹਉਮੈ ਆਦਿਕ ਸਾਰੇ ਪਾਪ ਨਾਸ ਹੋ ਜਾਂਦੇ ਹਨ ॥੨॥
25284	574	ਜਪਿ ਹਰਿ ਹਰਿ ਜਪਿ ਹਰਿ ਹਰਿ ਨਾਮੁ ਮੇਰੈ ਮਨਿ ਭਾਇਆ ਰਾਮ॥		Jap Har Har Jap Har Har Naam Maerai Man Bhaaeiaa Raam ||	Chanting the Name of the Lord, Har, Har, chanting the Name of the Lord, Har, Har, is so pleasing to my mind.	ਹਰਿ-ਨਾਮ ਜਪ ਕੇ, ਹਰਿ-ਨਾਮ ਜਪ ਕੇ ਮੇਰੇ ਮਨ ਵਿਚ ਪਰਮਾਤਮਾ ਦਾ ਨਾਮ ਪਿਆਰਾ ਲੱਗ ਰਿਹਾ ਹੈ।

25285	574	ਮੁਖਿ ਗੁਰਮੁਖਿ ਮੁਖਿ ਗੁਰਮੁਖਿ ਜਪਿ ਸਭਿ ਰੋਗ ਗਵਾਇਆ ਰਾਮ॥		Mukh Guramukh Mukh Guramukh Jap Sabh Rog Gavaaeiaa Raam ||	Speaking as Gurmukh, speaking as Gurmukh, chanting the Naam, all disease is eradicated.	ਗੁਰੂ ਦੀ ਸਰਨ ਪੈ ਕੇ ਮੂੰਹ ਨਾਲ ਹਰਿ-ਨਾਮ ਜਪਣ ਨਾਲ ਸਾਰੇ ਰੋਗ ਦੂਰ ਹੋ ਜਾਂਦੇ ਹਨ।
25286	574	ਗੁਰਮੁਖਿ ਜਪਿ ਸਭਿ ਰੋਗ ਗਵਾਇਆ ਅਰੋਗਤ ਭਏ ਸਰੀਰਾ॥		Guramukh Jap Sabh Rog Gavaaeiaa Arogath Bheae Sareeraa ||	As Gurmukh, chanting the Naam, all disease is eradicated, and the body becomes free of disease.	ਗੁਰੂ ਦੀ ਸਰਨ ਪੈ ਕੇ ਮੂੰਹ ਨਾਲ ਹਰਿ-ਨਾਮ ਜਪਣ ਨਾਲ ਸਾਰੇ ਰੋਗ ਦੂਰ ਹੋ ਜਾਂਦੇ ਹਨ ਤੇ ਸਰੀਰ ਨਰੋਆ ਹੋ ਜਾਂਦਾ ਹੈ।
25287	574	ਅਨ ਦਿਨੁ ਸਹਜ ਸਮਾਧਿ ਹਰਿ ਲਾਗੀ ਹਰਿ ਜਪਿਆ ਗਹਿਰ ਗੰਭੀਰਾ॥		Anadhin Sehaj Samaadhh Har Laagee Har Japiaa Gehir Ganbheeraa ||	Night and day, one remains absorbed in the Perfect Poise of Samaadhi; meditate on the Name of the Lord, the inaccessible and unfathomable Lord.	ਡੂੰਘੇ ਤੇ ਵੱਡੇ ਜਿਗਰੇ ਵਾਲੇ ਹਰੀ ਦਾ ਨਾਮ ਜਪਿਆਂ ਹਰ ਵੇਲੇ ਆਤਮਕ ਅਡੋਲਤਾ ਵਿਚ ਸੁਰਤ ਜੁੜੀ ਰਹਿੰਦੀ ਹੈ।
25288	574	ਜਾਤਿ ਅਜਾਤਿ ਨਾਮੁ ਜਿਨ ਧਿਆਇਆ ਤਿਨ ਪਰਮ ਪਦਾਰਥੁ ਪਾਇਆ॥		Jaath Ajaath Naam Jin Dhhiaaeiaa Thin Param Padhaarathh Paaeiaa ||	Whether of high or low social status, one who meditates on the Naam obtains the supreme treasure.	ਉੱਚੀ ਜਾਤਿ ਦੇ ਹੋਣ ਚਾਹੇ ਨੀਵੀਂ ਜਾਤਿ ਦੇ, ਜਿਨ੍ਹਾਂ ਨੇ ਹਰੀ-ਨਾਮ ਸਿਮਰਿਆ ਹੈ ਉਹਨਾਂ ਨੇ ਇਹ ਸਭ ਤੋਂ ਸ੍ਰੇਸ਼ਟ (ਨਾਮ-) ਪਦਾਰਥ ਹਾਸਲ ਕਰ ਲਿਆ ਹੈ।

25289	574	ਜਪਿ ਹਰਿ ਹਰਿ ਜਪਿ ਹਰਿ ਹਰਿ ਨਾਮੁ ਮੇਰੈ ਮਨਿ ਭਾਇਆ॥੩॥		Jap Har Har Jap Har Har Naam Maerai Man Bhaaeiaa ||3||	Chanting the Name of the Lord, Har, Har, chanting the Name of the Lord, Har, Har, is pleasing to my mind. ||3||	ਹਰਿ-ਨਾਮ ਜਪ ਕੇ, ਹਰਿ-ਨਾਮ ਜਪ ਕੇ ਮੇਰੇ ਮਨ ਵਿਚ ਪਰਮਾਤਮਾ ਦਾ ਨਾਮ ਪਿਆਰਾ ਲੱਗ ਰਿਹਾ ਹੈ ॥੩॥
25290	575	ਹਰਿ ਧਾਰਹੁ ਹਰਿ ਧਾਰਹੁ ਕਿਰਪਾ ਕਰਿ ਕਿਰਪਾ ਲੇਹੁ ਉਬਾਰੇ ਰਾਮ॥		Har Dhhaarahu Har Dhhaarahu Kirapaa Kar Kirapaa Laehu Oubaarae Raam ||	Grant Your Grace, grant Your Grace, O Lord, and save me.	ਹੇ ਹਰੀ ਕਿਰਪਾ ਕਰ! ਹੇ ਹਰੀ ਕਿਰਪਾ ਕਰ! (ਸਾਨੂੰ ਵਿਕਾਰਾਂ ਤੋਂ) ਬਚਾ ਲੈ।
25291	575	ਹਮ ਪਾਪੀ ਹਮ ਪਾਪੀ ਨਿਰਗੁਣ ਦੀਨ ਤੁਮ੍ਹਾਰੇ ਰਾਮ॥		Ham Paapee Ham Paapee Niragun Dheen Thumhaarae Raam ||	I am a sinner, I am a worthless sinner, I am meek, but I am Yours, O Lord.	ਅਸੀਂ ਪਾਪੀ ਹਾਂ, ਅਸੀਂ ਪਾਪੀ ਹਾਂ, ਗੁਣ-ਹੀਨ ਹਾਂ, ਆਜਿਜ਼ ਹਾਂ, (ਪਰ ਫਿਰ ਭੀ) ਤੇਰੇ ਹਾਂ।
25292	575	ਹਮ ਪਾਪੀ ਨਿਰਗੁਣ ਦੀਨ ਤੁਮ੍ਹਾਰੇ ਹਰਿ ਦੈਆਲ ਸਰਣਾਇਆ॥		Ham Paapee Niragun Dheen Thumhaarae Har Dhaiaal Saranaaeiaa ||	I am a worthless sinner, and I am meek, but I am Yours; I seek Your Sanctuary, O Merciful Lord.	ਅਸੀਂ ਪਾਪੀ ਹਾਂ, ਗੁਣ-ਹੀਨ ਹਾਂ, ਆਜਿਜ਼ ਹਾਂ, (ਪਰ ਫਿਰ ਭੀ) ਤੇਰੇ ਹਾਂ; ਹੇ ਦਇਆ ਦੇ ਘਰ ਹਰੀ!

25293	575	ਤੂ ਦੁਖਭੰਜਨੁ ਸਰਬ ਸੁਖਦਾਤਾ ਹਮ ਪਾਥਰ ਤਰੇ ਤਰਾਇਆ॥		Thoo Dhukh Bhanjan Sarab Sukhadhaathaa Ham Paathhar Tharae Tharaaeiaa ||	You are the Destroyer of pain, the Giver of absolute peace; I am a stone - carry me across and save me.	ਤੂੰ ਦੁੱਖਾਂ ਦਾ ਨਾਸ ਕਰਨ ਵਾਲਾ ਹੈਂ, ਤੂੰ ਸਾਰੇ ਸੁਖ ਦੇਣ ਵਾਲਾ ਹੈਂ। ਅਸੀਂ ਕਠੋਰ-ਚਿੱਤ ਹਾਂ, ਤੇਰੇ ਤਰਾਏ ਹੋਏ ਹੀ ਤਰ ਸਕਦੇ ਹਾਂ।
25294	575	ਸਤਿਗੁਰ ਭੇਟਿ ਰਾਮ ਰਸੁ ਪਾਇਆ ਜਨ ਨਾਨਕ ਨਾਮਿ ਉਧਾਰੇ॥		Sathigur Bhaett Raam Ras Paaeiaa Jan Naanak Naam Oudhhaarae ||	Meeting the True Guru, servant Nanak has obtained the subtle essence of the Lord; through the Naam, the Name of the Lord, he is saved.	ਹੇ ਨਾਨਕ! ਗੁਰੂ ਨੂੰ ਮਿਲ ਕੇ ਜਿਨ੍ਹਾਂ ਨੇ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਿਆ ਹੈ, ਉਹਨਾਂ ਨੂੰ ਹਰਿ-ਨਾਮ ਨੇ (ਵਿਕਾਰਾਂ ਵਿਚ ਡੁਬਦਿਆਂ ਨੂੰ) ਬਚਾ ਲਿਆ ਹੈ।
25295	575	ਹਰਿ ਧਾਰਹੁ ਹਰਿ ਧਾਰਹੁ ਕਿਰਪਾ ਕਰਿ ਕਿਰਪਾ ਲੇਹੁ ਉਬਾਰੇ ਰਾਮ॥੪॥੪॥		Har Dhhaarahu Har Dhhaarahu Kirapaa Kar Kirapaa Laehu Oubaarae Raam ||4||4||	Grant Your Grace, grant Your Grace, Lord, and save me. ||4||4||	ਹੇ ਹਰੀ ਕਿਰਪਾ ਕਰ! ਹੇ ਹਰੀ ਕਿਰਪਾ ਕਰ! (ਸਾਨੂੰ ਵਿਕਾਰਾਂ ਤੋਂ) ਬਚਾ ਲੈ ॥੪॥੪॥
25296	575	ਵਡਹੰਸੁ ਮਹਲਾ ੪ ਘੋੜੀਆ		Vaddehans Mehalaa 4 Ghorreeaa	Wadahans, Fourth Mehl, Ghorees ~ The Wedding Procession Songs:	ਰਾਗ ਵਡਹੰਸ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਘੋੜੀਆਂ'।
25297	575	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

25298	575	ਦੇਹ ਤੇਜਣਿ ਜੀ ਰਾਮਿ ਉਪਾਈਆ ਰਾਮ॥	ਤੇਜਣਿ ਘੋੜੀ	Dhaeh Thaejan Jee Raam Oupaaeeaa Raam ||	This body-horse was created by the Lord.	ਮਨੁੱਖ ਦੀ ਇਹ ਕਾਂਇਆਂ (ਮਾਨੋ) ਘੋੜੀ ਹੈ (ਇਸ ਨੂੰ) ਪਰਮਾਤਮਾ ਨੇ ਪੈਦਾ ਕੀਤਾ ਹੈ।
25299	575	ਧੰਨੁ ਮਾਣਸ ਜਨਮੁ ਪੁੰਨਿ ਪਾਈਆ ਰਾਮ॥		Dhhann Maanas Janam Punn Paaeeaa Raam ||	Blessed is human life, which is obtained by virtuous actions.	ਮਨੁੱਖਾ ਜਨਮ ਭਾਗਾਂ ਵਾਲਾ ਹੈ ਜੋ ਚੰਗੀ ਕਿਸਮਤ ਨਾਲ ਹੀ ਲਭਦਾ ਹੈ।
25300	575	ਮਾਣਸ ਜਨਮੁ ਵਡ ਪੁੰਨੇ ਪਾਇਆ ਦੇਹ ਸੁ ਕੰਚਨ ਚੰਗੜੀਆ॥	(ਚੰਗੜੀਆ) ਚੰਗੀ	Maanas Janam Vadd Punnae Paaeiaa Dhaeh S Kanchan Changarreeaa ||	Human life is obtained only by the most virtuous actions; this body is radiant and golden.	ਮਨੁੱਖਾ ਜਨਮ ਵੱਡੀ ਕਿਸਮਤ ਨਾਲ ਹੀ ਲੱਭਦਾ ਹੈ, ਪਰ ਮਨੁੱਖ ਦੀ ਕਾਂਇਆਂ ਸੋਨੇ ਵਰਗੀ ਹੈ ਤੇ ਸੋਹਣੀ ਹੈ,
25301	575	ਗੁਰਮੁਖਿ ਰੰਗੁ ਚਲੂਲਾ ਪਾਵੈ ਹਰਿ ਹਰਿ ਹਰਿ ਨਵਰੰਗੜੀਆ॥	(ਚਲੂਲਾ) ਗੂੜ੍ਹਾ। (ਨਵ-ਰੰਗੜੀਆ) ਨਵੇਂ ਰੰਗ ਵਾਲੇ	Guramukh Rang Chaloolaa Paavai Har Har Har Nav Rangarreeaa ||	The Gurmukh is imbued with the deep red color of the poppy; he is imbued with the new color of the Lord's Name, Har, Har, Har.	ਜੇਹੜਾ ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਦਾ ਗੂੜ੍ਹਾ ਰੰਗ ਹਾਸਲ ਕਰਦਾ ਹੈ, ਉਸ ਦੀ ਕਾਂਇਆਂ ਹਰਿ-ਨਾਮ ਦੇ ਨਵੇਂ ਰੰਗ ਨਾਲ ਰੰਗੀ ਜਾਂਦੀ ਹੈ।
25302	575	ਏਹ ਦੇਹ ਸੁ ਬਾਂਕੀ ਜਿਤੁ ਹਰਿ ਜਾਪੀ ਹਰਿ ਹਰਿ ਨਾਮਿ ਸੁਹਾਵੀਆ॥	(ਬਾਂਕੀ) ਸੁੰਦਰ	Eaeh Dhaeh S Baankee Jith Har Jaapee Har Har Naam Suhaaveeaa ||	This body is so very beautiful; it chants the Name of the Lord, and it is adorned with the Name of the Lord, Har, Har.	ਇਹ ਕਾਂਇਆਂ ਸੋਹਣੀ ਹੈ ਕਿਉਂਕਿ ਇਸ ਕਾਂਇਆਂ ਨਾਲ ਮੈਂ ਪਰਮਾਤਮਾ ਦਾ ਨਾਮ ਜਪ ਸਕਦਾ ਹਾਂ, ਹਰਿ-ਨਾਮ ਦੀ ਬਰਕਤਿ ਨਾਲ ਇਹ ਕਾਂਇਆਂ ਸੋਹਣੀ ਬਣ ਜਾਂਦੀ ਹੈ।

25303	575	ਵਡਭਾਗੀ ਪਾਈ ਨਾਮੁ ਸਖਾਈ ਜਨ ਨਾਨਕ ਰਾਮਿ ਉਪਾਈਆ॥੧॥		Vaddabhaagee Paaee Naam Sakhaaee Jan Naanak Raam Oupaaeeaa ||1||	By great good fortune, the body is obtained; the Naam, the Name of the Lord, is its companion; O servant Nanak, the Lord has created it. ||1||	ਉਸੇ ਵੱਡੇ ਭਾਗਾਂ ਵਾਲੇ ਹਨ ਜਿਨ੍ਹਾਂ ਦਾ ਮਿਤਰ ਪਰਮਾਤਮਾ ਦਾ ਨਾਮ ਹੈ। ਹੇ ਦਾਸ ਨਾਨਕ! (ਨਾਮ ਸਿਮਰਨ ਵਾਸਤੇ ਹੀ) ਇਹ ਕਾਂਇਆਂ ਪਰਮਾਤਮਾ ਨੇ ਪੈਦਾ ਕੀਤੀ ਹੈ ॥੧॥
25304	575	ਦੇਹ ਪਾਵਉ ਜੀਨੁ ਬੁਝਿ ਚੰਗਾ ਰਾਮ॥	(ਜੀਨੁ) ਕਾਠੀ। ਬੁੱਝਿ	Dhaeh Paavo Jeen Bujh Changaa Raam ||	I place the saddle on the body-horse, the saddle of realization of the Good Lord.	ਪਰਮਾਤਮਾ ਦੇ ਗੁਣਾਂ ਨੂੰ ਵਿਚਾਰ ਕੇ ਮੈਂ (ਆਪਣੇ ਸਰੀਰ-ਘੋੜੀ ਉਤੇ, ਸਿਫ਼ਤ-ਸਾਲਾਹ ਦੀ) ਕਾਠੀ ਪਾਂਦਾ ਹਾਂ,
25305	575	ਚੜਿ ਲੰਘਾ ਜੀ ਬਿਖਮੁ ਭੁਇਅੰਗਾ ਰਾਮ॥	(ਭੁਇਅੰਗਾ) ਸੰਸਾਰ ਸਾਗਰ	Charr Langhaa Jee Bikham Bhueiangaa Raam ||	Riding this horse, I cross over the terrifying world-ocean.	ਇੰਜ ਇਸ ਉਤੇ ਚੜ੍ਹ ਕੇ ਮੈਂ ਇਸ ਔਖੇ (ਤਰੇ ਜਾਣ ਵਾਲੇ) ਸੰਸਾਰ-ਸਮੁੰਦਰ ਤੋਂ ਪਾਰ ਲੰਘਦਾ ਹਾਂ।
25306	575	ਬਿਖਮੁ ਭੁਇਅੰਗਾ ਅਨਤ ਤਰੰਗਾ ਗੁਰਮੁਖਿ ਪਾਰਿ ਲੰਘਾਏ॥		Bikham Bhueiangaa Anath Tharangaa Guramukh Paar Langhaaeae ||	The terrifying world-ocean is rocked by countless waves, but the Gurmukh is carried across.	ਕੋਈ ਵਿਰਲਾ ਹੀ ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਹੀ) ਇਸ ਬੇਅੰਤ ਲਹਿਰਾਂ ਵਾਲੇ ਔਖੇ ਸੰਸਾਰ-ਸਮੁੰਦਰ ਤੋਂ ਪਾਰ ਲੰਘਦਾ ਹੈ।

25307	575	ਹਰਿ ਬੋਹਿਥਿ ਚੜਿ ਵਡਭਾਗੀ ਲੰਘੈ ਗੁਰੁ ਖੇਵਟੁ ਸਬਦਿ ਤਰਾਏ॥	(ਖੇਵਟੁ)ਮਲਾਹ	Har Bohithh Charr Vaddabhaagee Langhai Gur Khaevatt Sabadh Tharaaeae ||	Embarking upon the boat of the Lord, the very fortunate ones cross over; the Guru, the Boatman, carries them across through the Word of the Shabad.	ਕੋਈ ਵਿਰਲਾ ਵੱਡੇ ਭਾਗਾਂ ਵਾਲਾ ਮਨੁੱਖ ਹਰਿ-ਨਾਮ ਦੇ ਜਹਾਜ਼ ਵਿਚ ਚੜ੍ਹ ਕੇ ਪਾਰ ਲੰਘਦਾ ਹੈ, ਗੁਰੂ-ਮਲਾਹ ਆਪਣੇ ਸ਼ਬਦ ਵਿਚ ਜੋੜ ਕੇ ਪਾਰ ਲੰਘਾ ਲੈਂਦਾ ਹੈ।
25308	575	ਅਨ ਦਿਨੁ ਹਰਿ ਰੰਗਿ ਹਰਿ ਗੁਣ ਗਾਵੈ ਹਰਿ ਰੰਗੀ ਹਰਿ ਰੰਗਾ॥		Anadhin Har Rang Har Gun Gaavai Har Rangee Har Rangaa ||	Night and day, imbued with the Lord's Love, singing the Glorious Praises of the Lord, the Lord's lover loves the Lord.	ਜੇਹੜਾ ਮਨੁੱਖ ਹਰ ਵੇਲੇ ਪਰਮਾਤਮਾ ਦੇ ਪ੍ਰੇਮ-ਰੰਗ ਵਿਚ (ਟਿਕ ਕੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ,
25309	575	ਜਨ ਨਾਨਕ ਨਿਰਬਾਣ ਪਦੁ ਪਾਇਆ ਹਰਿ ਉਤਮੁ ਹਰਿ ਪਦੁ ਚੰਗਾ॥੨॥		Jan Naanak Nirabaan Padh Paaeiaa Har Outham Har Padh Changaa ||2||	Servant Nanak has obtained the state of Nirvaanaa, the state of ultimate goodness, the state of the Lord. ||2||	ਹੇ ਦਾਸ ਨਾਨਕ! ਉਹ ਹਰਿ ਨਾਮ-ਰੰਗ ਵਿਚ ਰੰਗਿਆ ਜਾਂਦਾ ਹੈ ਤੇ ਉਹ ਉੱਚਾ ਤੇ ਸੁੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ ਜਿਥੇ ਵਾਸਨਾ ਪੋਹ ਨਹੀਂ ਸਕਦੀ ॥੨॥
25310	575	ਕੜੀਆਲੁ ਮੁਖੇ ਗੁਰਿ ਗਿਆਨੁ ਦ੍ਰਿੜਾਇਆ ਰਾਮ॥	(ਕੜੀ-ਆਲੁ) ਕੰਡਿਆਲ਼ਾ	Karreeaal Mukhae Gur Giaan Dhrirraaeiaa Raam ||	For a bridle in my mouth, the Guru has implanted spiritual wisdom within me.	ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਨੇ ਆਤਮਕ ਜੀਵਨ ਦੀ ਸੂਝ ਪੱਕੀ ਕਰ ਦਿੱਤੀ, ਉਸ ਨੇ ਇਹ ਸੂਝ (ਆਪਣੀ ਕਾਂਇਆਂ-ਘੋੜੀ ਦੇ) ਮੂੰਹ ਵਿਚ (ਮਾਨੋ) ਲਗਾਮ ਦੇ ਦਿੱਤੀ ਹੈ।

25311	575	ਤਨਿ ਪ੍ਰੇਮੁ ਹਰਿ ਚਾਬਕੁ ਲਾਇਆ ਰਾਮ॥		Than Praem Har Chaabak Laaeiaa Raam ||	He has applied the whip of the Lord's Love to my body.	ਉਸ ਦੇ ਹਿਰਦੇ ਵਿਚ ਪਰਮਾਤਮਾ ਦਾ ਪਿਆਰ ਪੈਦਾ ਹੁੰਦਾ ਹੈ, ਜੋ (ਮਾਨੋ) ਕਾਂਇਆਂ-ਘੋੜੀ ਨੂੰ ਚਾਬੁਕ ਮਾਰਦਾ ਰਹਿੰਦਾ ਹੈ।
25312	575	ਤਨਿ ਪ੍ਰੇਮੁ ਹਰਿ ਹਰਿ ਲਾਇ ਚਾਬਕੁ ਮਨੁ ਜਿਣੈ ਗੁਰਮੁਖਿ ਜੀਤਿਆ॥		Than Praem Har Har Laae Chaabak Man Jinai Guramukh Jeethiaa ||	Applying the whip of the Lord's Love to his body, the Gurmukh conquers his mind, and wins the battle of life.	ਹਿਰਦੇ ਵਿਚ ਪੈਦਾ ਹੋਇਆ ਹਰਿ-ਨਾਮ ਦਾ ਪ੍ਰੇਮ ਮਨੁੱਖ ਆਪਣੀ ਕਾਂਇਆਂ-ਘੋੜੀ ਨੂੰ ਚਾਬੁਕ ਮਾਰਦਾ ਰਹਿੰਦਾ ਹੈ, ਤੇ, ਆਪਣੇ ਮਨ ਨੂੰ ਵੱਸ ਵਿਚ ਕਰੀ ਰੱਖਦਾ ਹੈ।
25313	575	ਅਘੜੋ ਘੜਾਵੈ ਸਬਦੁ ਪਾਵੈ ਅਪਿਉ ਹਰਿ ਰਸੁ ਪੀਤਿਆ॥	ਅ-ਘੜੋ	Agharro Gharraavai Sabadh Paavai Apio Har Ras Peethiaa ||	He trains his untrained mind with the Word of the Shabad, and drinks in the rejuvenating essence of the Lord's Nectar.	ਇੰਜ ਉਹ ਅੱਲ੍ਹੜ ਮਨ ਨੂੰ ਘੜ ਲੈਂਦਾ ਹੈ, ਗੁਰੂ ਦਾ ਸ਼ਬਦ ਪ੍ਰਾਪਤ ਕਰਦਾ ਹੈ ਤੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਰਸ ਪੀਂਦਾ ਰਹਿੰਦਾ ਹੈ।
25314	575	ਸੁਣਿ ਸ੍ਰਵਣ ਬਾਣੀ ਗੁਰਿ ਵਖਾਣੀ ਹਰਿ ਰੰਗੁ ਤੁਰੀ ਚੜਾਇਆ॥	(ਤੁਰੀ) ਘੋੜੀ ਦੇਹ ਰੂਪੀ। ਚੜ੍ਹਾਇਆ	Sun Sravan Baanee Gur Vakhaanee Har Rang Thuree Charraaeiaa ||	Listen with your ears to the Word, uttered by the Guru, and attune your body-horse to the Lord's Love.	ਆਪਣੇ ਕੰਨਾਂ ਨਾਲ ਗੁਰੂ ਦੀ ਉਚਾਰੀ ਬਾਣੀ ਸੁਣ ਕੇ ਪਰਮਾਤਮਾ ਦਾ ਪਿਆਰ ਪੈਦਾ ਕਰਦਾ ਹੈ, ਤੇ ਇਸ ਤਰ੍ਹਾਂ ਕਾਂਇਆਂ-ਘੋੜੀ ਉਤੇ ਸਵਾਰ ਹੁੰਦਾ ਹੈ (ਕਾਂਇਆਂ ਨੂੰ ਵੱਸ ਕਰਦਾ ਹੈ)।

25315	575	ਮਹਾ ਮਾਰਗੁ ਪੰਥੁ ਬਿਖੜਾ ਜਨ ਨਾਨਕ ਪਾਰਿ ਲੰਘਾਇਆ॥੩॥		Mehaa Maarag Panthh Bikharraa Jan Naanak Paar Langhaaeiaa ||3||	Servant Nanak has crossed over the long and treacherous path. ||3||	ਹੇ ਦਾਸ ਨਾਨਕ! (ਇਹ ਮਨੁੱਖਾ ਜੀਵਨ) ਬੜਾ ਔਖਾ ਪੈਂਡਾ ਹੈ ਜੋ (ਗੁਰੂ ਸਰਨ ਪਇਆਂ) ਪਾਰ ਲੰਘਾ ਜਾਂਦਾ ਹੈ ॥੩॥
25316	575	ਘੋੜੀ ਤੇਜਣਿ ਦੇਹ ਰਾਮਿ ਉਪਾਈਆ ਰਾਮ॥		Ghorree Thaejan Dhaeh Raam Oupaaeeaa Raam ||	The transitory body-horse was created by the Lord.	ਇਹ ਮਨੁੱਖਾ ਸਰੀਰ-ਘੋੜੀ ਪਰਮਾਤਮਾ ਨੇ ਪੈਦਾ ਕੀਤੀ ਹੈ,
25317	575	ਜਿਤੁ ਹਰਿ ਪ੍ਰਭੁ ਜਾਪੈ ਸਾ ਧਨੁ ਧੰਨੁ ਤੁਖਾਈਆ ਰਾਮ॥	(ਤੁਖਾਈਆ) ਘੋੜੀ	Jith Har Prabh Jaapai Saa Dhhan Dhhann Thukhaaeeaa Raam ||	Blessed, blessed is that body-horse which meditates on the Lord God.	ਜੋ ਮਨੁੱਖ (ਸਰੀਰ-ਘੋੜੀ) ਦੀ ਰਾਹੀਂ ਪਰਮਾਤਮਾ ਦਾ ਨਾਮ ਜਪਦਾ ਹੈ, ਉਹ ਧੰਨ ਹੈ, ਉਸ ਨੂੰ ਸ਼ਾਬਾਸ਼ ਮਿਲਦੀ ਹੈ,
25318	575	ਜਿਤੁ ਹਰਿ ਪ੍ਰਭੁ ਜਾਪੈ ਸਾ ਧੰਨੁ ਸਾਬਾਸੈ ਧੁਰਿ ਪਾਇਆ ਕਿਰਤੁ ਜੁੜੰਦਾ॥		Jith Har Prabh Jaapai Saa Dhhann Saabaasai Dhhur Paaeiaa Kirath Jurrandhaa ||	Blessed and acclaimed is that body-horse which meditates on the Lord God; it is obtained by the merits of past actions.	ਜੋ ਮਨੁੱਖ (ਸਰੀਰ-ਘੋੜੀ) ਦੀ ਰਾਹੀਂ ਪਰਮਾਤਮਾ ਦਾ ਨਾਮ ਜਪਦਾ ਹੈ, ਉਸ ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ ਉੱਘੜ ਪੈਂਦਾ ਹੈ।

25319	575	ਚੜਿ ਦੇਹੜਿ ਘੋੜੀ ਬਿਖਮੁ ਲਘਾਏ ਮਿਲੁ ਗੁਰਮੁਖਿ ਪਰਮਾਨੰਦਾ॥	(ਦੇਹੜਿ)ਦੇਹ। ਚੜ੍ਹਿ	Charr Dhaeharr Ghorree Bikham Laghaaeae Mil Guramukh Paramaanandhaa ||	Riding the body-horse, one crosses over the terrifying world ocean; the Gurmukh meets the Lord, the embodiment of supreme bliss.	ਇਸ ਸੋਹਣੀ ਕਾਂਇਆਂ-ਘੋੜੀ ਉਤੇ ਚੜ੍ਹ, ਜੋ ਔਖੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦੀ ਹੈ, (ਇਸ ਦੀ ਰਾਹੀਂ) ਗੁਰੂ ਦੀ ਸਰਨ ਪੈ ਕੇ ਪਰਮ ਆਨੰਦ ਦੇ ਮਾਲਕ ਪਰਮਾਤਮਾ ਨੂੰ ਮਿਲ।
25320	575	ਹਰਿ ਹਰਿ ਕਾਜੁ ਰਚਾਇਆ ਪੂਰੈ ਮਿਲਿ ਸੰਤ ਜਨਾ ਜੰਞ ਆਈ॥		Har Har Kaaj Rachaaeiaa Poorai Mil Santh Janaa Jannj Aaee ||	The Lord, Har, Har, has perfectly arranged this wedding; the Saints have come together as a marriage party.	ਪੂਰਨ ਪਰਮਾਤਮਾ ਨੇ ਜਿਸ ਜੀਵ-ਇਸਤ੍ਰੀ ਦਾ (ਮਾਨੋ) ਵਿਆਹ ਰਚਾ ਦਿੱਤਾ ਤੇ ਸਤ ਸੰਗੀਆਂ ਨਾਲ ਮਿਲ ਕੇ (ਮਾਨੋ) ਉਸ ਦੀ ਜੰਞ ਆ ਗਈ।
25321	575	ਜਨ ਨਾਨਕ ਹਰਿ ਵਰੁ ਪਾਇਆ ਮੰਗਲੁ ਮਿਲਿ ਸੰਤ ਜਨਾ ਵਾਧਾਈ॥੪॥੧॥੫॥		Jan Naanak Har Var Paaeiaa Mangal Mil Santh Janaa Vaadhhaaee ||4||1||5||	Servant Nanak has obtained the Lord as his Spouse; joining together, the Saints sing the songs of joy and congratulations. ||4||1||5||	ਹੇ ਦਾਸ ਨਾਨਕ! ਸੰਤ ਜਨਾਂ ਨੂੰ ਮਿਲ ਕੇ ਉਸ ਜੀਵ-ਇਸਤ੍ਰੀ ਨੇ ਪ੍ਰਭੂ-ਪਤੀ (ਦਾ ਮਿਲਾਪ) ਹਾਸਲ ਕਰ ਲਿਆ, ਉਸ ਨੇ ਆਤਮਕ ਆਨੰਦ ਲੱਭ ਲਿਆ, ਉਸ ਦੇ ਅੰਦਰ ਆਤਮਕ ਸ਼ਾਦੀਆਨੇ ਵੱਜ ਪਏ ॥੪॥੧॥੫॥
25322	575	ਵਡਹੰਸੁ ਮਹਲਾ ੪॥		Vaddehans Mehalaa 4 ||	Wadahans, Fourth Mehl:	

25323	575	ਦੇਹ ਤੇਜਨੜੀ ਹਰਿ ਨਵਰੰਗੀਆ ਰਾਮ॥		Dhaeh Thaejanarree Har Nav Rangeeaa Raam ||	The body is the Lord's horse; the Lord imbues it with the fresh and new color.	(ਮਾਨੋ) ਉਹ ਕਾਂਇਆਂ ਸੋਹਣੀ ਘੋੜੀ ਹੈ ਜੋ ਪਰਮਾਤਮਾ ਦੇ ਪ੍ਰੇਮ ਦੇ ਨਵੇਂ ਰੰਗ ਵਿਚ ਰੰਗੀ ਰਹਿੰਦੀ ਹੈ,
25324	575	ਗੁਰ ਗਿਆਨੁ ਗੁਰੂ ਹਰਿ ਮੰਗੀਆ ਰਾਮ॥		Gur Giaan Guroo Har Mangeeaa Raam ||	From the Guru, I ask for the Lord's spiritual wisdom.	ਜੋ ਗੁਰੂ ਪਾਸੋਂ ਆਤਮਕ ਜੀਵਨ ਦੀ ਸ੍ਰੇਸ਼ਟ ਸੂਝ ਮੰਗਦੀ ਰਹਿੰਦੀ ਹੈ, ਜੋ (ਗੁਰੂ ਪਾਸੋਂ) ਆਤਮਕ ਜੀਵਨ ਦੀ ਸੂਝ ਮੰਗਦੀ ਹੈ,
25325	576	ਗਿਆਨ ਮੰਗੀ ਹਰਿ ਕਥਾ ਚੰਗੀ ਹਰਿ ਨਾਮੁ ਗਤਿ ਮਿਤਿ ਜਾਣੀਆ॥		Giaan Mangee Har Kathhaa Changee Har Naam Gath Mith Jaaneeaa ||	I ask for the Lord's spiritual wisdom, and the Lord's sublime sermon; through the Name of the Lord, I have come to know His value and His state.	ਪਰਮਾਤਮਾ ਦੀ ਸੋਹਣੀ ਸਿਫ਼ਤ-ਸਾਲਾਹ ਕਰਦੀ ਹੈ, ਪਰਮਾਤਮਾ ਦਾ ਨਾਮ ਜਪਦੀ ਹੈ, ਜੋ ਇਹ ਸਮਝਣ ਦਾ ਜਤਨ ਕਰਦੀ ਹੈ ਕਿ ਪਰਮਾਤਮਾ ਕਿਹੋ ਜਿਹਾ ਤੇ ਕੇਡਾ ਵੱਡਾ ਹੈ।
25326	576	ਸਭੁ ਜਨਮੁ ਸਫਲਿਉ ਕੀਆ ਕਰਤੈ ਹਰਿ ਰਾਮ ਨਾਮਿ ਵਖਾਣੀਆ॥		Sabh Janam Safalio Keeaa Karathai Har Raam Naam Vakhaaneeaa ||	The Creator has made my life totally fruitful; I chant the Name of the Lord.	ਕਰਤਾਰ ਨੇ ਸਾਰਾ ਜਨਮ ਸਫਲ ਕਰ ਦਿੱਤਾ ਹੈ, ਕਿਉਂਕਿ ਉਹ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦੀ ਹੈ, ਪਰਮਾਤਮਾ ਦੀ ਸਿਫ਼ਤ-ਸਾਲਾਹ ਉਚਾਰਦੀ ਰਹਿੰਦੀ ਹੈ।

25327	576	ਹਰਿ ਰਾਮ ਨਾਮੁ ਸਲਾਹਿ ਹਰਿ ਪ੍ਰਭ ਹਰਿ ਭਗਤਿ ਹਰਿ ਜਨ ਮੰਗੀਆ॥		Har Raam Naam Salaahi Har Prabh Har Bhagath Har Jan Mangeeaa ||	The Lord's humble servant begs for the Lord's Name, for the Lord's Praises, and for devotional worship of the Lord God.	ਪਰਮਾਤਮਾ ਦੇ ਭਗਤ ਪਰਮਾਤਮਾ ਦੇ ਨਾਮ ਦੀ ਵਡਿਆਈ ਕਰ ਕੇ ਪਰਮਾਤਮਾ ਦੀ ਭਗਤੀ (ਦੀ ਦਾਤਿ) ਮੰਗਦੇ ਰਹਿੰਦੇ ਹਨ।
25328	576	ਜਨੁ ਕਹੈ ਨਾਨਕੁ ਸੁਣਹੁ ਸੰਤਹੁ ਹਰਿ ਭਗਤਿ ਗੋਵਿੰਦ ਚੰਗੀਆ॥੧॥		Jan Kehai Naanak Sunahu Santhahu Har Bhagath Govindh Changeeaa ||1||	Says servant Nanak, listen, O Saints: devotional worship of the Lord, the Lord of the Universe, is sublime and good. ||1||	ਦਾਸ ਨਾਨਕ ਆਖਦਾ ਹੈ ਕਿ, ਹੇ ਸੰਤ ਜਨੋ, ਸੁਣੋ, ਪਰਮਾਤਮਾ ਦੀ ਭਗਤੀ ਚੰਗੀ ਹੈ ॥੧॥
25329	576	ਦੇਹ ਕੰਚਨ ਜੀਨੁ ਸੁਵਿਨਾ ਰਾਮ॥	(ਸੁ-ਵਿਨਾ)ਸੁਨੈਹਰੀ	Dhaeh Kanchan Jeen Suvinaa Raam ||	The golden body is saddled with the saddle of gold.	ਉਹ ਕਾਂਇਆਂ (-ਘੋੜੀ, ਮਾਨੋ,) ਸੋਨੇ ਦੀ ਹੈ,
25330	576	ਜੜਿ ਹਰਿ ਹਰਿ ਨਾਮੁ ਰਤੰਨਾ ਰਾਮ॥		Jarr Har Har Naam Rathannaa Raam ||	It is adorned with the jewel of the Name of the Lord, Har, Har.	ਜੋ ਪਰਮਾਤਮਾ ਦਾ ਨਾਮ-ਰਤਨ ਜੜ ਕੇ ਸੋਨੇ ਦੀ ਕਾਠੀ ਪਾਂਦੀ ਹੈ।

25331	576	ਜੜਿ ਨਾਮ ਰਤਨੁ ਗੋਵਿੰਦ ਪਾਇਆ ਹਰਿ ਮਿਲੇ ਹਰਿ ਗੁਣ ਸੁਖ ਘਣੇ॥		Jarr Naam Rathan Govindh Paaeiaa Har Milae Har Gun Sukh Ghanae ||	Adorned with the jewel of the Naam, one obtains the Lord of the Universe; he meets the Lord, sings the Glorious Praises of the Lord, and obtains all sorts of comforts.	ਜਿਸ ਨੇ ਪਰਮਾਤਮਾ ਦਾ ਨਾਮ-ਰਤਨ ਜੜ ਕੇ ਪਰਮਾਤਮਾ ਨੂੰ ਪਾ ਲਿਆ, ਉਸ ਨੂੰ ਸੁਖ ਹੀ ਸੁਖ ਪ੍ਰਾਪਤ ਹੋ ਗਏ।
25332	576	ਗੁਰ ਸਬਦੁ ਪਾਇਆ ਹਰਿ ਨਾਮੁ ਧਿਆਇਆ ਵਡਭਾਗੀ ਹਰਿ ਰੰਗ ਹਰਿ ਬਣੇ॥		Gur Sabadh Paaeiaa Har Naam Dhhiaaeiaa Vaddabhaagee Har Rang Har Banae ||	He obtains the Word of the Guru's Shabad, and he meditates on the Name of the Lord; by great good fortune, he assumes the color of the Lord's Love.	ਜਿਸ ਨੇ ਗੁਰੂ ਦਾ ਸ਼ਬਦ ਹਾਸਲ ਕਰ ਲਿਆ ਤੇ ਪਰਮਾਤਮਾ ਦਾ ਨਾਮ ਸਿਮਰਨਾ ਸ਼ੁਰੂ ਕਰ ਦਿਤਾ, ਉਹ ਵੱਡੇ ਭਾਗਾਂ ਵਾਲਾ ਪ੍ਰਭੂ ਪ੍ਰੇਮ ਵਿਚ ਉਘੜ ਪਿਆ।
25333	576	ਹਰਿ ਮਿਲੇ ਸੁਆਮੀ ਅੰਤਰਜਾਮੀ ਹਰਿ ਨਵਤਨ ਹਰਿ ਨਵ ਰੰਗੀਆ॥		Har Milae Suaamee Antharajaamee Har Navathan Har Nav Rangeeaa ||	He meets his Lord and Master, the Inner-knower, the Searcher of hearts; His body is ever-new, and His color is ever-fresh.	ਇੰਜ ਉਸ ਨੂੰ ਮਾਲਕ ਤੇ ਹਰ ਦਿਲ ਦੀ ਜਾਨਣ ਵਾਲਾ ਪ੍ਰਭੂ ਮਿਲ ਜਾਂਦਾ ਹੈ ਜੋ ਸਦਾ ਹੀ ਨਵਾਂ-ਨਰੋਆ ਰਹਿਣ ਵਾਲਾ ਹੈ ਤੇ ਨਵੇਂ ਚੋਜਾਂ ਦਾ ਮਾਲਕ ਹੈ।

25334	576	ਨਾਨਕੁ ਵਖਾਣੈ ਨਾਮੁ ਜਾਣੈ ਹਰਿ ਨਾਮੁ ਹਰਿ ਪ੍ਰਭ ਮੰਗੀਆ॥੨॥		Naanak Vakhaanai Naam Jaanai Har Naam Har Prabh Mangeeaa ||2||	Nanak chants and realizes the Naam; he begs for the Name of the Lord, the Lord God. ||2||	ਹੇ ਨਾਨਕ! ਇੰਜ ਉਹ ਪਰਮਾਤਮਾ ਦੇ ਨਾਮ ਨਾਲ ਡੂੰਘੀ ਸਾਂਝ ਪਾਂਦਾ ਹੈ ਤੇ ਹਰ ਵੇਲੇ ਪਰਮਾਤਮਾ ਦਾ ਨਾਮ ਮੰਗਦਾ ਹੈ ॥੨॥
25335	576	ਕੜੀਆਲੁ ਮੁਖੇ ਗੁਰਿ ਅੰਕਸੁ ਪਾਇਆ ਰਾਮ॥		Karreeaal Mukhae Gur Ankas Paaeiaa Raam ||	The Guru has placed the reins in the mouth of the body-horse.	ਗੁਰੂ ਨੇ ਜਿਸ ਦੀ ਕਾਂਇਆਂ-ਘੋੜੀ ਦੇ ਮੂੰਹ ਵਿਚ ਲਗਾਮ ਦੇ ਦਿੱਤੀ, ਕੁੰਡਾ ਰੱਖ ਦਿੱਤਾ,
25336	576	ਮਨੁ ਮੈਗਲੁ ਗੁਰ ਸਬਦਿ ਵਸਿ ਆਇਆ ਰਾਮ॥	(ਮੈਗਲੁ) ਹਾਥੀ। ਵੱਸਿ	Man Maigal Gur Sabadh Vas Aaeiaa Raam ||	The mind-elephant is overpowered by the Word of the Guru's Shabad.	ਉਸ ਦਾ ਮਨ-ਹਾਥੀ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਵੱਸ ਵਿਚ ਆ ਗਿਆ।
25337	576	ਮਨੁ ਵਸਗਤਿ ਆਇਆ ਪਰਮਪਦੁ ਪਾਇਆ ਸਾ ਧਨ ਕੰਤਿ ਪਿਆਰੀ॥	ਵੱਸ-ਗਤਿ	Man Vasagath Aaeiaa Param Padh Paaeiaa Saa Dhhan Kanth Piaaree ||	The bride obtains the supreme status, as her mind is brought under control; she is the beloved of her Husband Lord.	ਜਿਸ ਦਾ ਮਨ ਵੱਸ ਵਿਚ ਆ ਗਿਆ, ਉਸ ਨੇ ਸਭ ਤੋਂ ਉੱਚਾ ਆਤਮਕ ਦਰਜਾ ਪਾ ਕਰ ਲਿਆ ਤੇ ਉਸ ਜੀਵ-ਇਸਤ੍ਰੀ ਨੂੰ ਪ੍ਰਭੂ-ਕੰਤ ਦੀ ਪਿਆਰੀ ਹੋ ਗਈ।
25338	576	ਅੰਤਰਿ ਪ੍ਰੇਮੁ ਲਗਾ ਹਰਿ ਸੇਤੀ ਘਰਿ ਸੋਹੈ ਹਰਿ ਪ੍ਰਭ ਨਾਰੀ॥		Anthar Praem Lagaa Har Saethee Ghar Sohai Har Prabh Naaree ||	Deep within her inner self, she is in love with her Lord; in His home, she is beautiful - she is the bride of her Lord God.	ਉਸ ਦੇ ਹਿਰਦੇ ਵਿਚ ਪਰਮਾਤਮਾ ਨਾਲ ਪ੍ਰੇਮ ਪੈਦਾ ਹੋ ਗਿਆ ਤੇ ਇੰਜ ਉਹ ਜੀਵ-ਇਸਤ੍ਰੀ ਪ੍ਰਭੂ ਦੀ ਹਜ਼ੂਰੀ ਵਿਚ ਸੋਹਣੀ ਲੱਗਦੀ ਹੈ।

25339	576	ਹਰਿ ਰੰਗਿ ਰਾਤੀ ਸਹਜੇ ਮਾਤੀ ਹਰਿ ਪ੍ਰਭੁ ਹਰਿ ਹਰਿ ਪਾਇਆ॥		Har Rang Raathee Sehajae Maathee Har Prabh Har Har Paaeiaa ||	Imbued with the Lord's Love, she is intuitively absorbed in bliss; she obtains the Lord God, Har, Har.	ਜੇਹੜੀ ਜੀਵ-ਇਸਤ੍ਰੀ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਜਾਂਦੀ ਹੈ, ਜੋ ਆਤਮਕ ਅਡੋਲਤਾ ਵਿਚ ਮਸਤ ਰਹਿੰਦੀ ਹੈ ਤੇ ਪਰਮਾਤਮਾ ਦਾ ਮਿਲਾਪ ਪ੍ਰਾਪਤ ਕਰ ਲੈਂਦੀ ਹੈ।
25340	576	ਨਾਨਕ ਜਨੁ ਹਰਿ ਦਾਸੁ ਕਹਤੁ ਹੈ ਵਡਭਾਗੀ ਹਰਿ ਹਰਿ ਧਿਆਇਆ॥੩॥		Naanak Jan Har Dhaas Kehath Hai Vaddabhaagee Har Har Dhhiaaeiaa ||3||	Servant Nanak, the Lord's slave, says that only the very fortunate meditate on the Lord, Har, Har. ||3||	ਹੇ ਨਾਨਕ-ਦਾਸ! ਹਰੀ ਦੇ ਸੇਵਕ ਵੱਡੇ ਭਾਗਾਂ ਵਾਲੇ ਜੀਵ ਹੀ ਪਰਮਾਤਮਾ ਦਾ ਨਾਮ ਸਿਮਰਦੇ ਹਨ ॥੩॥
25341	576	ਦੇਹ ਘੋੜੀ ਜੀ ਜਿਤੁ ਹਰਿ ਪਾਇਆ ਰਾਮ॥		Dhaeh Ghorree Jee Jith Har Paaeiaa Raam ||	The body is the horse, upon which one rides to the Lord.	ਹੇ ਭਾਈ! ਜਿਸ ਕਾਂਇਆਂ-ਘੋੜੀ ਨੇ ਪਰਮਾਤਮਾ ਦਾ ਮਿਲਾਪ ਹਾਸਲ ਕਰ ਲਿਆ,
25342	576	ਮਿਲਿ ਸਤਿਗੁਰ ਜੀ ਮੰਗਲੁ ਗਾਇਆ ਰਾਮ॥		Mil Sathigur Jee Mangal Gaaeiaa Raam ||	Meeting with the True Guru, one sings the songs of joy.	ਉਹ ਗੁਰੂ ਨੂੰ ਮਿਲ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦੀ ਰਹਿੰਦੀ ਹੈ।
25343	576	ਹਰਿ ਗਾਇ ਮੰਗਲੁ ਰਾਮ ਨਾਮਾ ਹਰਿ ਸੇਵ ਸੇਵਕ ਸੇਵ ਕੀ॥	(ਸੇਵ) ਸੇਵਾ। (ਕੀ) ਕੀਤੀ	Har Gaae Mangal Raam Naamaa Har Saev Saevak Saevakee ||	Sing the songs of joy to the Lord, serve the Name of the Lord, and become the servant of His servants.	ਜੋ ਸੇਵਕ-ਭਾਵ ਨਾਲ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾ ਕੇ ਪਰਮਾਤਮਾ ਦੀ ਸੇਵਾ ਭਗਤੀ ਕਰਦਾ ਹੈ,

25344	576	ਪ੍ਰਭ ਜਾਇ ਪਾਵੈ ਰੰਗ ਮਹਲੀ ਹਰਿ ਰੰਗੁ ਮਾਣੈ ਰੰਗ ਕੀ॥		Prabh Jaae Paavai Rang Mehalee Har Rang Maanai Rang Kee ||	You shall go and enter the Mansion of the Beloved Lord's Presence, and lovingly enjoy His Love.	ਉਹ ਪਰਮਾਤਮਾ ਦੀ ਆਨੰਦ-ਭਰੀ ਹਜ਼ੂਰੀ ਵਿਚ ਜਾ ਪਹੁੰਚਦਾ ਹੈ ਅਤੇ ਪਰਮਾਤਮਾ ਦੇ ਮਿਲਾਪ ਦਾ ਆਨੰਦ ਮਾਣਦਾ ਹੈ।
25345	576	ਗੁਣ ਰਾਮ ਗਾਏ ਮਨਿ ਸੁਭਾਏ ਹਰਿ ਗੁਰਮਤੀ ਮਨਿ ਧਿਆਇਆ॥		Gun Raam Gaaeae Man Subhaaeae Har Guramathee Man Dhhiaaeiaa ||	I sing the Glorious Praises of the Lord, so pleasing to my mind; following the Guru's Teachings, I meditate on the Lord within my mind.	ਜੋ ਪ੍ਰੇਮ ਨਾਲ ਆਪਣੇ ਮਨ ਵਿਚ ਪਰਮਾਤਮਾ ਦੇ ਗੁਣ ਗਾਂਦਾ ਹੈ ਤੇ ਗੁਰੂ ਦੀ ਮੱਤ ਉਤੇ ਤੁਰ ਕੇ ਮਨ ਵਿਚ ਪਰਮਾਤਮਾ ਦਾ ਧਿਆਨ ਧਰਦਾ ਹੈ।
25346	576	ਜਨ ਨਾਨਕ ਹਰਿ ਕਿਰਪਾ ਧਾਰੀ ਦੇਹ ਘੋੜੀ ਚੜਿ ਹਰਿ ਪਾਇਆ॥੪॥੨॥੬॥		Jan Naanak Har Kirapaa Dhhaaree Dhaeh Ghorree Charr Har Paaeiaa ||4||2||6||	The Lord has showered His Mercy upon servant Nanak; mounting the body-horse, he has found the Lord. ||4||2||6||	ਹੇ ਨਾਨਕ-ਦਾਸ! ਉਸ ਉਤੇ ਪਰਮਾਤਮਾ ਕਿਰਪਾ ਕਰਦਾ ਹੈ ਤੇ ਉਹ ਆਪਣੀ ਕਾਂਇਆਂ-ਘੋੜੀ ਉਤੇ ਚੜ੍ਹ ਕੇ ਪਰਮਾਤਮਾ ਨੂੰ ਮਿਲ ਪੈਂਦਾ ਹੈ ॥੪॥੨॥੬॥
25347	576	ਰਾਗੁ ਵਡਹੰਸੁ ਮਹਲਾ ੫ ਛੰਤ ਘਰੁ ੪		Raag Vaddehans Mehalaa 5 Shhanth Ghar 4	Raag Wadahans, Fifth Mehl, Chhant, Fourth House:	ਰਾਗ ਵਡਹੰਸ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ'।

25348	576	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
25349	576	ਗੁਰ ਮਿਲਿ ਲਧਾ ਜੀ ਰਾਮੁ ਪਿਆਰਾ ਰਾਮ॥	ਲੱਧਾ	Gur Mil Ladhhaa Jee Raam Piaaraa Raam ||	Meeting with the Guru, I have found my Beloved Lord God.	ਹੇ ਜੀ! ਗੁਰੂ ਨੂੰ ਮਿਲ ਕੇ ਉਸ ਨੂੰ ਪਿਆਰਾ ਪ੍ਰਭੂ ਲੱਭਦਾ ਹੈ,
25350	576	ਇਹੁ ਤਨੁ ਮਨੁ ਦਿਤੜਾ ਵਾਰੋ ਵਾਰਾ ਰਾਮ॥	ਦਿੱਤੜਾ	Eihu Than Man Dhitharraa Vaaro Vaaraa Raam ||	I have made this body and mind a sacrifice, a sacrificial offering to my Lord.	ਜੋ ਆਪਣਾ ਇਹ ਸਰੀਰ ਤੇ ਇਹ ਮਨ (ਗੁਰੂ ਦੇ) ਹਵਾਲੇ ਕਰਦਾ ਹੈ।
25351	576	ਤਨੁ ਮਨੁ ਦਿਤਾ ਭਵਜਲੁ ਜਿਤਾ ਚੂਕੀ ਕਾਂਇ ਜਮਾਣੀ॥	ਦਿੱਤਾ। ਜਿੱਤਾ	Than Man Dhithaa Bhavajal Jithaa Chookee Kaann Jamaanee ||	Dedicating my body and mind, I have crossed over the terrifying world-ocean, and shaken off the fear of death.	ਜੋ ਆਪਣਾ ਤਨ ਮਨ ਗੁਰੂ ਦੇ ਹਵਾਲੇ ਕਰਦਾ ਹੈ, ਉਹ ਸੰਸਾਰ-ਸਮੁੰਦਰ ਨੂੰ ਜਿੱਤ ਲੈਂਦਾ ਹੈ, ਉਸ ਦੀ ਜਮਾਂ ਦੀ ਮੁਥਾਜੀ ਮੁੱਕ ਜਾਂਦੀ ਹੈ।
25352	576	ਅਸਥਿਰੁ ਥੀਆ ਅੰਮ੍ਰਿਤੁ ਪੀਆ ਰਹਿਆ ਆਵਣ ਜਾਣੀ॥		Asathhir Thheeaa Anmrith Peeaa Rehiaa Aavan Jaanee ||	Drinking in the Ambrosial Nectar, I have become immortal; my comings and goings have ceased.	ਤੇ ਉਹ (ਗੁਰੂ ਦਾ ਦਿਤਾ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਕੇ ਅਡੋਲ-ਚਿੱਤ ਹੋ ਜਾਂਦਾ ਹੈ ਤੇ ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।

25353	576	ਸੋ ਘਰੁ ਲਧਾ ਸਹਜਿ ਸਮਧਾ ਹਰਿ ਕਾ ਨਾਮੁ ਅਧਾਰਾ॥	(ਸ-ਮੱਧਾ)ਸਮਾਏ,ਸਮਝੇ। ਲੱਧਾ	So Ghar Ladhhaa Sehaj Samadhhaa Har Kaa Naam Adhhaaraa ||	I have found that home, of celestial Samaadhi; the Name of the Lord is my only Support.	ਉਸ ਨੂੰ ਘਰ (ਪ੍ਰਭੂ ਦੇ ਚਰਨਾਂ ਵਿਚ) ਟਿਕਾਣਾ ਮਿਲ ਜਾਂਦਾ ਹੈ, ਉਹ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ਤੇ ਪਰਮਾਤਮਾ ਦਾ ਨਾਮ ਉਸ ਦਾ ਆਸਰਾ ਬਣ ਜਾਂਦਾ ਹੈ।
25354	576	ਕਹੁ ਨਾਨਕ ਸੁਖਿ ਮਾਣੇ ਰਲੀਆਂ ਗੁਰ ਪੂਰੇ ਕੰਉ ਨਮਸਕਾਰਾ॥੧॥		Kahu Naanak Sukh Maanae Raleeaaan Gur Poorae Kano Namasakaaraa ||1||	Says Nanak, I enjoy peace and pleasure; I bow in reverence to the Perfect Guru. ||1||	ਨਾਨਕ ਆਖਦਾ ਹੈ- ਉਹ ਮਨੁੱਖ ਸੁਖ ਵਿਚ ਰਹਿ ਕੇ ਆਤਮਕ ਖ਼ੁਸ਼ੀਆਂ ਮਾਣਦਾ ਹੈ ਜੋ ਪੂਰੇ ਗੁਰੂ ਨੂੰ (ਸਦਾ) ਨਮਸਕਾਰ ਕਰਦਾ ਹੈ ॥੧॥
25355	576	ਸੁਣਿ ਸਜਣ ਜੀ ਮੈਡੜੇ ਮੀਤਾ ਰਾਮ॥		Sun Sajan Jee Maiddarrae Meethaa Raam ||	Listen, O my friend and companion	ਹੇ ਮੇਰੇ ਸੱਜਣ! ਹੇ ਮੇਰੇ ਮਿੱਤਰ! ਸੁਣ!
25356	576	ਗੁਰਿ ਮੰਤ੍ਰੁ ਸਬਦੁ ਸਚੁ ਦੀਤਾ ਰਾਮ॥		Gur Manthra Sabadh Sach Dheethaa Raam ||	- the Guru has given the Mantra of the Shabad, the True Word of God.	ਗੁਰੂ ਨੇ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲਾ ਸ਼ਬਦ-ਮੰਤ੍ਰ ਦਿੱਤਾ ਹੈ।
25357	576	ਸਚੁ ਸਬਦੁ ਧਿਆਇਆ ਮੰਗਲੁ ਗਾਇਆ ਚੂਕੇ ਮਨਹੁ ਅਦੇਸਾ॥		Sach Sabadh Dhhiaaeiaa Mangal Gaaeiaa Chookae Manahu Adhaesaa ||	Meditating on this True Shabad, I sing the songs of joy, and my mind is rid of anxiety.	ਜਿਸ ਨੇ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੇ ਸ਼ਬਦ ਨੂੰ ਸਦਾ ਹਿਰਦੇ ਵਿਚ ਵਸਾਇਆ ਹੈ ਤੇ ਜੋ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ (ਸਦਾ) ਗਾਂਦਾ ਹੈ, ਉਸ ਦੇ ਮਨ ਤੋਂ ਚਿੰਤਾ-ਫ਼ਿਕਰ ਲਹਿ ਜਾਂਦੇ ਹਨ।

25358	576	ਸੋ ਪ੍ਰਭੁ ਪਾਇਆ ਕਤਹਿ ਨ ਜਾਇਆ ਸਦਾ ਸਦਾ ਸੰਗਿ ਬੈਸਾ॥		So Prabh Paaeiaa Kathehi N Jaaeiaa Sadhaa Sadhaa Sang Baisaa ||	I have found God, who never leaves; forever and ever, He sits with me.	ਇੰਜ ਉਹ ਪਰਮਾਤਮਾ ਦਾ ਮਿਲਾਪ ਹਾਸਲ ਕਰ ਲੈਂਦਾ ਹੈ, ਤੇ ਉਹ ਕਿਸੇ ਹੋਰ ਥਾਂ ਨਹੀਂ ਭਟਕਦਾ ਤੇ ਸਦਾ ਹੀ ਪ੍ਰਭੂ-ਚਰਨਾਂ ਵਿਚ ਲੀਨ ਰਹਿੰਦਾ ਹੈ।
25359	576	ਪ੍ਰਭ ਜੀ ਭਾਣਾ ਸਚਾ ਮਾਣਾ ਪ੍ਰਭਿ ਹਰਿ ਧਨੁ ਸਹਜੇ ਦੀਤਾ॥		Prabh Jee Bhaanaa Sachaa Maanaa Prabh Har Dhhan Sehajae Dheethaa ||	One who is pleasing to God receives true honor. The Lord God blesses him with wealth.	ਏਸੇ ਮਨੁੱਖ ਨੂੰ ਪ੍ਰਭੂ ਪਿਆਰਾ ਲੱਗਦਾ ਹੈ, ਸਦਾ-ਥਿਰ ਪ੍ਰਭੂ ਦਾ ਹੀ ਉਸ ਨੂੰ ਮਾਣ-ਆਸਰਾ ਰਹਿੰਦਾ ਹੈ, ਤੇ ਪਰਮਾਤਮਾ ਉਸ ਨੂੰ ਆਤਮਕ ਅਡੋਲਤਾ ਵਿਚ ਟਿਕਾਣ ਵਾਲਾ ਨਾਮ-ਧਨ ਬਖ਼ਸ਼ਦਾ ਹੈ।
25360	577	ਕਹੁ ਨਾਨਕ ਤਿਸੁ ਜਨ ਬਲਿਹਾਰੀ ਤੇਰਾ ਦਾਨੁ ਸਭਨੀ ਹੈ ਲੀਤਾ॥੨॥		Kahu Naanak This Jan Balihaaree Thaeraa Dhaan Sabhanee Hai Leethaa ||2||	Says Nanak, I am a sacrifice to such a humble being. O Lord, You bless all with Your bountiful blessings. ||2||	ਨਾਨਕ ਆਖਦਾ ਹੈ- ਮੈਂ ਐਸੇ ਸੇਵਕ ਤੋਂ ਸਦਕੇ ਜਾਂਦਾ ਹਾਂ। ਤੇਰੇ ਨਾਮ ਦੀ ਦਾਤ ਉਸ ਪਾਸੋਂ ਸਭ ਜੀਵ ਲੈਂਦੇ ਹਨ ॥੨॥
25361	577	ਤਉ ਭਾਣਾ ਤਾਂ ਤ੍ਰਿਪਤਿ ਅਘਾਏ ਰਾਮ॥		Tho Bhaanaa Thaan Thripath Aghaaeae Raam ||	When it pleases You, then I am satisfied and satiated.	ਜੇ ਤੇਰੀ ਰਜ਼ਾ ਹੋਵੇ ਤਾਂ ਜੀਵ (ਗੁਰੂ ਦੀ ਸਰਨ ਪੈ ਕੇ, ਮਾਇਆ ਦੀ ਭੁੱਖ ਵਲੋਂ) ਪੂਰੇ ਤੌਰ ਤੇ ਰੱਜ ਜਾਂਦਾ ਹੈ,
25362	577	ਮਨੁ ਥੀਆ ਠੰਢਾ ਸਭ ਤ੍ਰਿਸਨ ਬੁਝਾਏ ਰਾਮ॥		Man Thheeaa Thandtaa Sabh Thrisan Bujhaaeae Raam ||	My mind is soothed and calmed, and all my thirst is quenched.	ਉਸ ਦਾ ਮਨ ਸ਼ਾਂਤ ਹੋ ਜਾਂਦਾ ਹੈ ਤੇ ਉਸ ਦੀ ਮਾਇਆ ਦੀ ਸਾਰੀ ਪਿਆਸ ਬੁੱਝ ਜਾਂਦੀ ਹੈ।

25363	577	ਮਨੁ ਥੀਆ ਠੰਢਾ ਚੂਕੀ ਡੰਝਾ ਪਾਇਆ ਬਹੁਤੁ ਖਜਾਨਾ॥	(ਡੰਝਾ) ਜਲਨ	Man Thheeaa Thandtaa Chookee Ddanjhaa Paaeiaa Bahuth Khajaanaa ||	My mind is soothed and calmed, the burning has ceased, and I have found so many treasures.	ਉਸ ਦਾ ਮਨ ਸ਼ਾਂਤ ਹੋ ਜਾਂਦਾ ਹੈ ਤੇ ਉਹ (ਵੱਡਾ ਨਾਮ-) ਖ਼ਜ਼ਾਨਾ ਪ੍ਰਾਪਤ ਕਰ ਲੈਂਦਾ ਹੈ।
25364	577	ਸਿਖ ਸੇਵਕ ਸਭਿ ਭੁੰਚਣ ਲਗੇ ਹੰਉ ਸਤਗੁਰ ਕੈ ਕੁਰਬਾਨਾ॥		Sikh Saevak Sabh Bhunchan Lagae Hano Sathagur Kai Kurabaanaa ||	All the Sikhs and servants partake of them; I am a sacrifice to my True Guru.	ਮੈਂ ਸਤਿਗੁਰੂ ਤੋਂ ਵਾਰੀ ਜਾਂਦਾ ਹਾਂ ਜਿਸ ਦੇ ਸਾਰੇ ਸਿੱਖ ਸੇਵਕ ਨਾਮ-ਖ਼ਜ਼ਾਨੇ ਨੂੰ ਵਰਤਣ ਲੱਗ ਪੈਂਦੇ ਹਨ,
25365	577	ਨਿਰਭਉ ਭਏ ਖਸਮ ਰੰਗਿ ਰਾਤੇ ਜਮ ਕੀ ਤ੍ਰਾਸ ਬੁਝਾਏ॥	(ਖਸਮ) ਪ੍ਰਕਾਸ਼ ਸਰੂਪ ਬ੍ਰਹਮ। ਬੁਝਾਏ ਪੋਲਾ	Nirabho Bheae Khasam Rang Raathae Jam Kee Thraas Bujhaaeae ||	I have become fearless, imbued with the Love of my Lord Master, and I have shaken off the fear of death.	ਤੇ ਇੰਜ (ਸਹਮਾਂ ਵਲੋਂ) ਨਿਡਰ ਹੋ ਜਾਂਦੇ ਹਨ, ਪ੍ਰਭੂ-ਪਤੀ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ, ਜਮਾਂ ਦਾ ਸਹਮ ਮਿਟਾ ਲੈਂਦੇ ਹਨ।
25366	577	ਨਾਨਕ ਦਾਸੁ ਸਦਾ ਸੰਗਿ ਸੇਵਕੁ ਤੇਰੀ ਭਗਤਿ ਕਰੰਉ ਲਿਵ ਲਾਏ॥੩॥		Naanak Dhaas Sadhaa Sang Saevak Thaeree Bhagath Karano Liv Laaeae ||3||	Slave Nanak, Your humble servant, lovingly embraces Your meditation; O Lord, be with me always. ||3||	ਨਾਨਕ ਆਖਦਾ ਹੈ ਕਿ (ਹੇ ਪ੍ਰਭੂ! ਮੇਹਰ ਕਰ, ਮੈਂ) ਦਾਸ (ਗੁਰੂ ਦੇ) ਚਰਨਾਂ ਵਿਚ ਟਿਕਿਆ ਰਹਾਂ, (ਗੁਰੂ ਦਾ) ਸੇਵਕ ਬਣਿਆ ਰਹਾਂ, ਤੇ, ਸੁਰਤ ਜੋੜ ਕੇ ਤੇਰੀ ਭਗਤੀ ਕਰਦਾ ਰਹਾਂ ॥੩॥
25367	577	ਪੂਰੀ ਆਸਾ ਜੀ ਮਨਸਾ ਮੇਰੇ ਰਾਮ॥		Pooree Aasaa Jee Manasaa Maerae Raam ||	My hopes and desires have been fulfilled, O my Lord.	ਹੇ ਪ੍ਰਭੂ ਜੀ! (ਤੇਰੀ ਮੇਹਰ ਨਾਲ ਮੇਰੀ ਹਰੇਕ) ਆਸ ਤੇ ਕਾਮਨਾ ਪੂਰੀ ਹੋ ਗਈ ਹੈ।

25368	577	ਮੋਹਿ ਨਿਰਗੁਣ ਜੀਉ ਸਭਿ ਗੁਣ ਤੇਰੇ ਰਾਮ॥		Mohi Niragun Jeeo Sabh Gun Thaerae Raam ||	I am worthless, without virtue; all virtues are Yours, O Lord.	ਹੇ ਪ੍ਰਭੂ ਜੀ! ਮੈਂ ਗੁਣ-ਹੀਨ ਹਾਂ ਤੇਰੇ ਅੰਦਰ ਸਾਰੇ ਹੀ ਗੁਣ ਹਨ।
25369	577	ਸਭਿ ਗੁਣ ਤੇਰੇ ਠਾਕੁਰ ਮੇਰੇ ਕਿਤੁ ਮੁਖਿ ਤੁਧੁ ਸਾਲਾਹੀ॥		Sabh Gun Thaerae Thaakur Maerae Kith Mukh Thudhh Saalaahee ||	All virtues are Yours, O my Lord and Master; with what mouth should I praise You?	ਤੇਰੇ ਅੰਦਰ ਸਾਰੇ ਹੀ ਗੁਣ ਹਨ, ਹੇ ਮੇਰੇ ਮਾਲਕ! ਮੈਂ ਕਿਸ ਮੂੰਹ ਨਾਲ ਤੇਰੀ ਵਡਿਆਈ ਕਰਾਂ?
25370	577	ਗੁਣੁ ਅਵਗੁਣੁ ਮੇਰਾ ਕਿਛੁ ਨ ਬੀਚਾਰਿਆ ਬਖਸਿ ਲੀਆ ਖਿਨ ਮਾਹੀ॥		Gun Avagun Maeraa Kishh N Beechaariaa Bakhas Leeaa Khin Maahee ||	You did not consider my merits and demerits; you forgave me in an instant.	ਤੂੰ ਮੇਰਾ ਕੋਈ ਗੁਣ ਜਾਂ ਔਗੁਣ ਨਾ ਦੇਖ ਕੇ ਇਕ ਛਿਨ ਵਿਚ ਹੀ ਤੂੰ ਮੇਰੇ ਉਤੇ ਮੇਹਰ ਕਰ ਦਿਤੀ,
25371	577	ਨਉ ਨਿਧਿ ਪਾਈ ਵਜੀ ਵਾਧਾਈ ਵਾਜੇ ਅਨਹਦ ਤੂਰੇ॥		No Nidhh Paaee Vajee Vaadhhaaee Vaajae Anehadh Thoorae ||	I have obtained the nine treasures, congratulations are pouring in, and the unstruck melody resounds.	ਤੇ ਮੈਂ ਨੌ ਖ਼ਜ਼ਾਨੇ ਹਾਸਲ ਕਰ ਲਏ ਹਨ, ਮੇਰੇ ਅੰਦਰ ਚੜ੍ਹਦੀ ਕਲਾ ਬਣ ਗਈ ਹੈ ਤੇ ਆਤਮਕ ਆਨੰਦ ਦੇ ਇਕ-ਰਸ ਵਾਜੇ ਵੱਜਣ ਲੱਗ ਪਏ ਹਨ।

25372	577	ਕਹੁ ਨਾਨਕ ਮੈ ਵਰੁ ਘਰਿ ਪਾਇਆ ਮੇਰੇ ਲਾਥੇ ਜੀ ਸਗਲ ਵਿਸੂਰੇ॥੪॥੧॥		Kahu Naanak Mai Var Ghar Paaeiaa Maerae Laathhae Jee Sagal Visoorae ||4||1||	Says Nanak, I have found my Husband Lord within my own home, and all my anxiety is forgotten. ||4||1||	ਨਾਨਕ ਆਖਦਾ ਹੈ ਕਿ ਮੈਂ (ਪ੍ਰਭੂ) ਖਸਮ ਨੂੰ ਆਪਣੇ ਹਿਰਦੇ-ਘਰ ਵਿਚ ਹੀ ਲੱਭ ਲਿਆ ਹੈ ਤੇ ਮੇਰੇ ਸਾਰੇ ਹੀ ਚਿੰਤਾ-ਫ਼ਿਕਰ ਲਹਿ ਗਏ ਹਨ ॥੪॥੧॥
25373	577	ਸਲੋਕੁ॥		Salok ||	Shalok:	
25374	577	ਕਿਆ ਸੁਣੇਦੋ ਕੂੜੁ ਵੰਞਨਿ ਪਵਣ ਝੁਲਾਰਿਆ॥	(ਪਵਣ)ਹਵਾ ਦੇ। (ਝੁਲਾਰਿਆ)ਬੁੱਲੇ ਵਾਂਗ। (ਵੰਞਨਿ) ਚਲੇ ਜਾਂਦੇ	Kiaa Sunaedho Koorr Vannjan Pavan Jhulaariaa ||	Why do you listen to falsehood? It shall vanish like a gust of wind.	ਨਾਸਵੰਤ ਪਦਾਰਥਾਂ ਦੀ ਕੀਹ ਗੱਲ ਸੁਨਣੀ, ਇਹ ਤਾਂ ਹਵਾ ਦੇ ਬੁੱਲਿਆਂ ਵਾਂਗ ਚਲੇ ਜਾਂਦੇ ਹਨ।
25375	577	ਨਾਨਕ ਸੁਣੀਅਰ ਤੇ ਪਰਵਾਣੁ ਜੋ ਸੁਣੇਦੇ ਸਚੁ ਧਣੀ॥੧॥	(ਸੁਣੀਅਰ) ਕੰਨ	Naanak Suneear Thae Paravaan Jo Sunaedhae Sach Dhhanee ||1||	O Nanak, those ears are acceptable, which listen to the True Master. ||1||	ਹੇ ਨਾਨਕ! ਉਹ ਕੰਨ (ਪ੍ਰਭੂ ਨੂੰ) ਕਬੂਲ ਹਨ ਜੇਹੜੇ ਸਦਾ-ਥਿਰ ਰਹਿਣ ਵਾਲੇ ਮਾਲਕ-ਪ੍ਰਭੂ (ਦੀ ਸਿਫ਼ਤ-ਸਾਲਾਹ) ਨੂੰ ਸੁਣਦੇ ਹਨ ॥੧॥
25376	577	ਛੰਤੁ॥		Shhanth ||	Chhant:	ਛੰਤ।
25377	577	ਤਿਨ ਘੋਲਿ ਘੁਮਾਈ ਜਿਨ ਪ੍ਰਭੁ ਸ੍ਰਵਣੀ ਸੁਣਿਆ ਰਾਮ॥		Thin Ghol Ghumaaee Jin Prabh Sravanee Suniaa Raam ||	I am a sacrifice to those who listen with their ears to the Lord God.	ਜਿਨ੍ਹਾਂ ਨੇ ਆਪਣੇ ਕੰਨਾਂ ਨਾਲ ਪ੍ਰਭੂ (ਦਾ ਨਾਮ) ਸੁਣਿਆ ਹੈ, ਉਹਨਾਂ ਤੋਂ ਮੈਂ ਸਦਕੇ ਕੁਰਬਾਨ ਜਾਂਦਾ ਹਾਂ।

25378	577	ਸੇ ਸਹਜਿ ਸੁਹੇਲੇ ਜਿਨ ਹਰਿ ਹਰਿ ਰਸਨਾ ਭਣਿਆ ਰਾਮ॥		Sae Sehaj Suhaelae Jin Har Har Rasanaa Bhaniaa Raam ||	Blissful and comfortable are those, who with their tongues chant the Name of the Lord, Har, Har.	ਜੇਹੜੇ ਮਨੁੱਖ ਆਪਣੀ ਜੀਭ ਨਾਲ ਪਰਮਾਤਮਾ ਦਾ ਨਾਮ ਜਪਦੇ ਹਨ ਉਹ ਆਤਮਕ ਅਡੋਲਤਾ ਵਿਚ ਟਿਕ ਕੇ ਸੁਖੀ ਰਹਿੰਦੇ ਹਨ।
25379	577	ਸੇ ਸਹਜਿ ਸੁਹੇਲੇ ਗੁਣਹ ਅਮੋਲੇ ਜਗਤ ਉਧਾਰਣ ਆਏ॥		Sae Sehaj Suhaelae Guneh Amolae Jagath Oudhhaaran Aaeae ||	They are naturally embellished, with priceless virtues; they have come to save the world.	ਉਹ ਮਨੁੱਖ ਆਤਮਕ ਅਡੋਲਤਾ ਵਿਚ ਰਹਿ ਕੇ ਸੁਖੀ ਜੀਵਨ ਜੀਊਂਦੇ ਹਨ, ਉਹ ਅਮੋਲਕ ਗੁਣਾਂ ਵਾਲੇ ਹੋ ਜਾਂਦੇ ਹਨ, ਉਹ ਤਾਂ ਜਗਤ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਸਤੇ ਆਉਂਦੇ ਹਨ।
25380	577	ਭੈ ਬੋਹਿਥ ਸਾਗਰ ਪ੍ਰਭ ਚਰਣਾ ਕੇਤੇ ਪਾਰਿ ਲਘਾਏ॥		Bhai Bohithh Saagar Prabh Charanaa Kaethae Paar Laghaaeae ||	God's Feet are the boat, which carries so many across the terrifying world-ocean.	ਇਸ ਭਿਆਨਕ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਵਾਸਤੇ ਪਰਮਾਤਮਾ ਦੇ ਚਰਨ ਜਹਾਜ਼ ਹਨ (ਆਪ ਨਾਮ ਜਪਣ ਵਾਲੇ ਮਨੁੱਖ) ਅਨੇਕਾਂ ਨੂੰ (ਪ੍ਰਭੂ-ਚਰਨਾਂ ਵਿਚ ਜੋੜ ਕੇ) ਪਾਰ ਲੰਘਾ ਦੇਂਦੇ ਹਨ।
25381	577	ਜਿਨ ਕੰਉ ਕ੍ਰਿਪਾ ਕਰੀ ਮੇਰੈ ਠਾਕੁਰਿ ਤਿਨ ਕਾ ਲੇਖਾ ਨ ਗਣਿਆ॥		Jin Kano Kirapaa Karee Maerai Thaakur Thin Kaa Laekhaa N Ganiaa ||	Those who are blessed with the favor of my Lord and Master, are not asked to render their account.	ਮੇਰੇ ਮਾਲਕ-ਪ੍ਰਭੂ ਨੇ ਜਿਨ੍ਹਾਂ ਉਤੇ ਮੇਹਰ (ਦੀ ਨਿਗਾਹ) ਕੀਤੀ, ਉਹਨਾਂ ਦੇ ਕਰਮਾਂ ਦਾ ਹਿਸਾਬ ਕਰਨਾ ਉਸ ਨੇ ਛੱਡ ਦਿੱਤਾ।

25382	577	ਕਹੁ ਨਾਨਕ ਤਿਸੁ ਘੋਲਿ ਘੁਮਾਈ ਜਿਨਿ ਪ੍ਰਭੁ ਸ੍ਰਵਣੀ ਸੁਣਿਆ॥੧॥		Kahu Naanak This Ghol Ghumaaee Jin Prabh Sravanee Suniaa ||1||	Says Nanak, I am a sacrifice to those who listen to God with their ears. ||1||	ਨਾਨਕ ਆਖਦਾ ਹੈ- ਮੈਂ ਉਸ ਮਨੁੱਖ ਤੋਂ ਸਦਕੇ ਕੁਰਬਾਨ ਜਾਂਦਾ ਹਾਂ ਜਿਸ ਨੇ ਆਪਣੇ ਕੰਨਾਂ ਨਾਲ ਪਰਮਾਤਮਾ (ਦੀ ਸਿਫ਼ਤ-ਸਾਲਾਹ) ਨੂੰ ਸੁਣਿਆ ਹੈ ॥੧॥
25383	577	ਸਲੋਕੁ॥		Salok ||	Shalok:	
25384	577	ਲੋਇਣ ਲੋਈ ਡਿਠ ਪਿਆਸ ਨ ਬੁਝੈ ਮੂ ਘਣੀ॥	(ਲੋਇਣ) ਅੱਖਾਂ। (ਲੋਈ)ਪ੍ਰਕਾਸ਼ ਸਰੂਪ ਬ੍ਰਹਮ। ਬੁਝੈ:ਪੋਲਾ ਬੋਲੋ	Loein Loee Ddith Piaas N Bujhai Moo Ghanee ||	With my eyes, I have seen the Light of the Lord, but my great thirst is not quenched.	ਮੈਂ ਆਪਣੀਆਂ ਅੱਖਾਂ ਨਾਲ ਜਗਤ ਨੂੰ ਵੇਖਿਆ ਹੈ, (ਅਜੇ ਭੀ) ਮੈਨੂੰ (ਜਗਤ ਵੇਖਣ ਦੀ ਪਿਆਸ) ਬਹੁਤ ਹੈ, ਇਹ ਪਿਆਸ ਬੁੱਝਦੀ ਨਹੀਂ।
25385	577	ਨਾਨਕ ਸੇ ਅਖੜੀਆਂ ਬਿਅੰਨਿ ਜਿਨੀ ਡਿਸੰਦੋ ਮਾ ਪਿਰੀ॥੧॥	ਵਿਕਾਰ ਹੰਕਾਰ ਲੋਭ ਕ੍ਰੋਧ ਆਦਿ ਦ੍ਰਿਸ਼ਟੀ ਨਾਲ ਦੇਖਣ ਵਾਲ਼ੀਆਂ ਅੱਖਾਂ ਨਹੀਂ(ਬਿਅੰਨਿ) ਹੋਰ ਗੁਰਬਾਣੀ ਨਾਲ ਗੁਰਬਾਣੀ ਤੱਕਣ ਵਾਲੀਆਂ ਅੱਖਾਂ ਹਨ। ਮਾ: ਬਿੰਦੀ ਨਹੀਂ ਲਾਉਣੀ	Naanak Sae Akharreeaaan Biann Jinee Ddisandho Maa Piree ||1||	O Nanak, those eyes are different, which behold my Husband Lord. ||1||	ਹੇ ਨਾਨਕ! ਜਿਨ੍ਹਾਂ ਅੱਖਾਂ ਨੇ ਮੇਰੇ ਪਿਆਰੇ ਪ੍ਰਭੂ ਨੂੰ ਵੇਖਿਆ, ਉਹ ਅੱਖਾਂ ਹੋਰ ਕਿਸਮ ਦੀਆਂ ਹਨ (ਉਹਨਾਂ ਅੱਖਾਂ ਨੂੰ ਦੁਨੀਆ ਦੇ ਪਦਾਰਥ ਵੇਖਣ ਦੀ ਲਾਲਸਾ ਨਹੀਂ ਹੁੰਦੀ) ॥੧॥
25386	577	ਛੰਤੁ॥		Shhanth ||	Chhant:	ਛੰਤੁ।
25387	577	ਜਿਨੀ ਹਰਿ ਪ੍ਰਭੁ ਡਿਠਾ ਤਿਨ ਕੁਰਬਾਣੇ ਰਾਮ॥		Jinee Har Prabh Ddithaa Thin Kurabaanae Raam ||	I am a sacrifice to those who have seen the Lord God.	ਮੈਂ ਉਹਨਾਂ ਤੋਂ ਸਦਕੇ ਹਾਂ, ਜਿਨ੍ਹਾਂ ਨੇ ਪਰਮਾਤਮਾ ਦਾ ਦਰਸਨ ਕੀਤਾ ਹੈ,

25388	577	ਸੇ ਸਾਚੀ ਦਰਗਹ ਭਾਣੇ ਰਾਮ॥		Sae Saachee Dharageh Bhaanae Raam ||	In the True Court of the Lord, they are approved.	ਉਹ (ਵਡ-ਭਾਗੀ) ਬੰਦੇ ਸਦਾ-ਥਿਰ ਪ੍ਰਭੂ ਦੀ ਹਜ਼ੂਰੀ ਵਿਚ ਪਸੰਦ ਆਉਂਦੇ ਹਨ।
25389	577	ਠਾਕੁਰਿ ਮਾਨੇ ਸੇ ਪਰਧਾਨੇ ਹਰਿ ਸੇਤੀ ਰੰਗਿ ਰਾਤੇ॥		Thaakur Maanae Sae Paradhhaanae Har Saethee Rang Raathae ||	They are approved by their Lord and Master, and acclaimed as supreme; they are imbued with the Lord's Love.	ਜਿਨ੍ਹਾਂ ਜੀਵਾਂ ਨੂੰ ਮਾਲਕ-ਪ੍ਰਭੂ ਨੇ ਆਦਰ-ਮਾਣ ਦਿੱਤਾ ਹੈ, (ਹਰ ਥਾਂ) ਮੰਨੇ-ਪ੍ਰਮੰਨੇ ਜਾਂਦੇ ਹਨ, ਉਹ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ।
25390	577	ਹਰਿ ਰਸਹਿ ਅਘਾਏ ਸਹਜਿ ਸਮਾਏ ਘਟਿ ਘਟਿ ਰਮਈਆ ਜਾਤੇ॥	ਰ–ਮਈਆ	Har Rasehi Aghaaeae Sehaj Samaaeae Ghatt Ghatt Rameeaa Jaathae ||	They are satiated with the sublime essence of the Lord, and they merge in celestial peace; in each and every heart, they see the all-pervading Lord.	ਉਹ ਪਰਮਾਤਮਾ ਦੇ ਨਾਮ-ਰਸ ਨਾਲ ਰੱਜੇ ਰਹਿੰਦੇ ਹਨ, ਆਤਮਕ ਅਡੋਲਤਾ ਵਿਚ ਲੀਨ ਰਹਿੰਦੇ ਹਨ, ਤੇ ਪਰਮਾਤਮਾ ਨੂੰ ਹਰੇਕ ਸਰੀਰ ਵਿਚ ਵੱਸਦਾ ਪਛਾਣਦੇ ਹਨ।
25391	577	ਸੇਈ ਸਜਣ ਸੰਤ ਸੇ ਸੁਖੀਏ ਠਾਕੁਰ ਅਪਣੇ ਭਾਣੇ॥	ਸੱਜਣ	Saeee Sajan Santh Sae Sukheeeae Thaakur Apanae Bhaanae ||	They alone are the friendly Saints, and they alone are happy, who are pleasing to their Lord and Master.	ਉਹੀ ਮਨੁੱਖ ਭਲੇ ਹਨ, ਸੰਤ ਹਨ, ਸੁਖੀ ਹਨ, ਜੋ ਆਪਣੇ ਮਾਲਕ ਪ੍ਰਭੂ ਨੂੰ ਚੰਗੇ ਲੱਗਦੇ ਹਨ।

25392	577	ਕਹੁ ਨਾਨਕ ਜਿਨ ਹਰਿ ਪ੍ਰਭੁ ਡਿਠਾ ਤਿਨ ਕੈ ਸਦ ਕੁਰਬਾਣੇ॥੨॥		Kahu Naanak Jin Har Prabh Ddithaa Thin Kai Sadh Kurabaanae ||2||	Says Nanak, I am forever a sacrifice to those who have seen the Lord God. ||2||	ਨਾਨਕ ਆਖਦਾ ਹੈ- ਜਿਨ੍ਹਾਂ ਮਨੁੱਖਾਂ ਨੇ ਹਰੀ ਪ੍ਰਭੂ ਦਾ ਦਰਸਨ ਕਰ ਲਿਆ ਹੈ, ਮੈਂ ਉਹਨਾਂ ਤੋਂ ਸਦਾ ਸਦਕੇ ਜਾਂਦਾ ਹਾਂ ॥੨॥
25393	577	ਸਲੋਕੁ॥		Salok ||	Shalok:	
25394	577	ਦੇਹ ਅੰਧਾਰੀ ਅੰਧ ਸੁੰਞੀ ਨਾਮ ਵਿਹੂਣੀਆ॥		Dhaeh Andhhaaree Andhh Sunnjee Naam Vihooneeaa ||	The body is blind, totally blind and desolate, without the Naam.	ਜੇਹੜਾ ਸਰੀਰ ਪਰਮਾਤਮਾ ਦੇ ਨਾਮ ਤੋਂ ਸੱਖਣਾ ਰਹਿੰਦਾ ਹੈ, ਉਹ ਮਾਇਆ ਦੇ ਮੋਹ ਦੇ ਹਨੇਰੇ ਵਿਚ ਅੰਨ੍ਹਾ ਹੋਇਆ ਰਹਿੰਦਾ ਹੈ।
25395	577	ਨਾਨਕ ਸਫਲ ਜਨੰਮੁ ਜੈ ਘਟਿ ਵੁਠਾ ਸਚੁ ਧਣੀ॥੧॥		Naanak Safal Jananm Jai Ghatt Vuthaa Sach Dhhanee ||1||	O Nanak, fruitful is the life of that being, within whose heart the True Lord and Master abides. ||1||	ਹੇ ਨਾਨਕ! ਉਸ ਮਨੁੱਖ ਦਾ ਜੀਵਨ ਕਾਮਯਾਬ ਹੈ ਜਿਸ ਦੇ ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਮਾਲਕ-ਪ੍ਰਭੂ ਆ ਵੱਸਦਾ ਹੈ ॥੧॥
25396	577	ਛੰਤੁ॥		Shhanth ||	Chhant:	ਛੰਤੁ।
25397	577	ਤਿਨ ਖੰਨੀਐ ਵੰਞਾਂ ਜਿਨ ਮੇਰਾ ਹਰਿ ਪ੍ਰਭੁ ਡੀਠਾ ਰਾਮ॥	(ਖੰਨੀਐ) ਟੋਟੇ ਟੋਟੇ ਹੋ ਕੇ ਕੁਰਬਾਨ। (ਵੰਞਾਂ) ਜਾਵਾਂ	Thin Khanneeai Vannjaan Jin Maeraa Har Prabh Ddeethaa Raam ||	I am cut into pieces as a sacrifice, to those who have seen my Lord God.	ਮੈਂ ਉਹਨਾਂ ਤੋਂ ਸਦਕੇ-ਕੁਰਬਾਨ ਜਾਂਦਾ ਹਾਂ ਜਿਨ੍ਹਾਂ ਮੇਰੇ ਹਰੀ-ਪ੍ਰਭੂ ਦਾ ਦਰਸਨ ਕਰ ਲਿਆ ਹੈ,

25398	577	ਜਨ ਚਾਖਿ ਅਘਾਣੇ ਹਰਿ ਹਰਿ ਅੰਮ੍ਰਿਤੁ ਮੀਠਾ ਰਾਮ॥	(ਅਘਾਣੇ) ਰੱਜਣਾ	Jan Chaakh Aghaanae Har Har Anmrith Meethaa Raam ||	His humble servants partake of the Sweet Ambrosial Nectar of the Lord, Har, Har, and are satiated.	ਜੋ ਨਾਮ-ਰਸ ਚੱਖ ਕੇ ਰੱਜ ਜਾਂਦੇ ਹਨ ਤੇ ਜਿਨ੍ਹਾਂ ਨੂੰ ਆਤਮਕ ਜੀਵਨ ਦੇਣ ਵਾਲਾ ਪਰਮਾਤਮਾ ਦਾ ਨਾਮ-ਜਲ ਮਿੱਠਾ ਲੱਗਦਾ ਹੈ।
25399	577	ਹਰਿ ਮਨਹਿ ਮੀਠਾ ਪ੍ਰਭੂ ਤੂਠਾ ਅਮਿਉ ਵੂਠਾ ਸੁਖ ਭਏ॥	(ਅਮਿਉ) ਅੰਮ੍ਰਿਤ। (ਵੂਠਾ) ਵਸਿਆ	Har Manehi Meethaa Prabhoo Thoothaa Amio Voothaa Sukh Bheae ||	The Lord seems sweet to their minds; God is merciful to them, His Ambrosial Nectar rains down upon them, and they are at peace.	ਪਰਮਾਤਮਾ ਉਹਨਾਂ ਨੂੰ ਆਪਣੇ ਮਨ ਵਿਚ ਪਿਆਰਾ ਲੱਗਦਾ ਹੈ ਤੇ ਉਹਨਾਂ ਉਤੇ ਪ੍ਰਸੰਨ ਹੋ ਜਾਂਦਾ ਹੈ, ਉਹਨਾਂ ਦੇ ਅੰਦਰ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਆ ਵੱਸਦਾ ਹੈ, ਉਹਨਾਂ ਨੂੰ ਸਾਰੇ ਆਨੰਦ ਪ੍ਰਾਪਤ ਹੋ ਜਾਂਦੇ ਹਨ।
25400	577	ਦੁਖ ਨਾਸ ਭਰਮ ਬਿਨਾਸ ਤਨ ਤੇ ਜਪਿ ਜਗਦੀਸ ਈਸਹ ਜੈ ਜਏ॥	ਜੱਗਦੀਸ	Dhukh Naas Bharam Binaas Than Thae Jap Jagadhees Eeseh Jai Jeae ||	Pain is eliminated and doubt is dispelled from the body; chanting the Name of the Lord of the World, their victory is celebrated.	ਜਗਤ ਦੇ ਮਾਲਕ-ਪ੍ਰਭੂ ਦੀ ਜੈ-ਜੈਕਾਰ ਆਖ ਆਖ ਕੇ ਉਹਨਾਂ ਦੇ ਸਰੀਰ ਤੋਂ ਦੁੱਖ ਤੇ ਭਰਮ ਦੂਰ ਹੋ ਜਾਂਦੇ ਹਨ।
25401	577	ਮੋਹ ਰਹਤ ਬਿਕਾਰ ਥਾਕੇ ਪੰਚ ਤੇ ਸੰਗੁ ਤੂਟਾ॥		Moh Rehath Bikaar Thhaakae Panch Thae Sang Thoottaa ||	They are rid of emotional attachment, their sins are erased, and their association with the five passions is broken off.	ਉਹ ਮੋਹ ਤੋਂ ਰਹਿਤ ਹੋ ਜਾਂਦੇ ਹਨ, ਉਹਨਾਂ ਦੇ ਅੰਦਰੋਂ ਵਿਕਾਰ ਮੁੱਕ ਜਾਂਦੇ ਹਨ, ਕਾਮਾਦਿਕ ਪੰਜਾਂ ਨਾਲੋਂ ਉਹਨਾਂ ਦਾ ਸਾਥ ਟੁੱਟ ਜਾਂਦਾ ਹੈ।

25402	578	ਕਹੁ ਨਾਨਕ ਤਿਨ ਖੰਨੀਐ ਵੰਞਾ ਜਿਨ ਘਟਿ ਮੇਰਾ ਹਰਿ ਪ੍ਰਭੁ ਵੂਠਾ॥੩॥		Kahu Naanak Thin Khanneeai Vannjaa Jin Ghatt Maeraa Har Prabh Voothaa ||3||	Says Nanak, I am every bit a sacrifice to those, within whose hearts my Lord God abides. ||3||	ਨਾਨਕ ਆਖਦਾ ਹੈ- ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਮੇਰਾ ਹਰੀ-ਪ੍ਰਭੂ ਆ ਵੱਸਿਆ ਹੈ ਮੈਂ ਉਹਨਾਂ ਤੋਂ ਸਦਕੇ-ਕੁਰਬਾਨ ਜਾਂਦਾ ਹਾਂ ॥੩॥
25403	578	ਸਲੋਕੁ॥		Salok ||	Shalok:	
25404	578	ਜੋ ਲੋੜੀਦੇ ਰਾਮ ਸੇਵਕ ਸੇਈ ਕਾਂਢਿਆ॥	(ਕਾਂਢਿਆ) ਆਖਿਆ ਜਾਂਦਾ	Jo Lorreedhae Raam Saevak Saeee Kaandtiaa ||	Those who long for the Lord, are said to be His servants.	ਜੇਹੜੇ ਮਨੁੱਖ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ, ਉਹੀ (ਅਸਲ) ਸੇਵਕ ਅਖਵਾਂਦੇ ਹਨ।
25405	578	ਨਾਨਕ ਜਾਣੇ ਸਤਿ ਸਾਂਈ ਸੰਤ ਨ ਬਾਹਰਾ॥੧॥		Naanak Jaanae Sath Saanee Santh N Baaharaa ||1||	Nanak knows this Truth, that the Lord is not different from His Saint. ||1||	ਹੇ ਨਾਨਕ! ਸੱਚ ਜਾਣ, ਮਾਲਕ-ਪ੍ਰਭੂ ਸੰਤਾਂ ਨਾਲੋਂ ਵੱਖਰਾ ਨਹੀਂ ਹੈ ॥੧॥
25406	578	ਛੰਤੁ॥		Shhanth ||	Chhant:	ਛੰਤ।
25407	578	ਮਿਲਿ ਜਲੁ ਜਲਹਿ ਖਟਾਨਾ ਰਾਮ॥	(ਖਟਾਨਾ) ਮਿਲ ਜਾਂਦਾ	Mil Jal Jalehi Khattaanaa Raam ||	As water mixes and blends with water,	(ਜਿਵੇਂ) ਪਾਣੀ ਪਾਣੀ ਵਿਚ ਮਿਲ ਕੇ ਇਕ-ਰੂਪ ਹੋ ਜਾਂਦਾ ਹੈ,
25408	578	ਸੰਗਿ ਜੋਤੀ ਜੋਤਿ ਮਿਲਾਨਾ ਰਾਮ॥		Sang Jothee Joth Milaanaa Raam ||	So does one's light mix and blend with the Lord's Light.	(ਤਿਵੇਂ ਸੇਵਕ ਦੀ) ਆਤਮਾ ਪਰਮਾਤਮਾ ਦੇ ਨਾਲ ਮਿਲੀ ਰਹਿੰਦੀ ਹੈ।

25409	578	ਸੰਮਾਇ ਪੂਰਨ ਪੁਰਖ ਕਰਤੇ ਆਪਿ ਆਪਹਿ ਜਾਣੀਐ॥		Sanmaae Pooran Purakh Karathae Aap Aapehi Jaaneeai ||	Merging with the perfect, all-powerful Creator, one comes to know his own self.	ਪੂਰਨ ਸਰਬ-ਵਿਆਪਕ ਕਰਤਾਰ ਨੇ ਜਿਸ ਸੇਵਕ ਨੂੰ ਆਪਣੇ ਵਿਚ ਲੀਨ ਕਰ ਲਿਆ, ਉਸ ਦੇ ਅੰਦਰ ਇਹ ਸੂਝ ਪੈਦਾ ਹੋ ਜਾਂਦੀ ਹੈ ਕਿ (ਹਰ ਥਾਂ) ਪਰਮਾਤਮਾ ਆਪ ਹੀ ਆਪ ਹੈ,
25410	578	ਤਹ ਸੁੰਨਿ ਸਹਜਿ ਸਮਾਧਿ ਲਾਗੀ ਏਕੁ ਏਕੁ ਵਖਾਣੀਐ॥		Theh Sunn Sehaj Samaadhh Laagee Eaek Eaek Vakhaaneeai ||	Then, he enters the celestial state of absolute Samaadhi, and speaks of the One and Only Lord.	ਉਸ ਦੇ ਹਿਰਦੇ ਵਿਚ (ਵਿਕਾਰਾਂ ਵਲੋਂ) ਸੁੰਞ ਹੋ ਜਾਂਦੀ ਹੈ, ਆਤਮਕ ਅਡੋਲਤਾ ਵਿਚ ਉਸ ਦੀ ਸਮਾਧੀ ਲੱਗੀ ਰਹਿੰਦੀ ਹੈ, ਉਸ ਦੇ ਹਿਰਦੇ ਵਿਚ ਇਕ ਪਰਮਾਤਮਾ ਦੀ ਹੀ ਸਿਫ਼ਤ-ਸਾਲਾਹ ਹੁੰਦੀ ਰਹਿੰਦੀ ਹੈ।
25411	578	ਆਪਿ ਗੁਪਤਾ ਆਪਿ ਮੁਕਤਾ ਆਪਿ ਆਪੁ ਵਖਾਨਾ॥		Aap Gupathaa Aap Mukathaa Aap Aap Vakhaanaa ||	He Himself is unmanifest, and He Himself is liberated; He Himself speaks of Himself.	ਪਰਮਾਤਮਾ ਸਾਰੇ ਸੰਸਾਰ ਵਿਚ ਆਪ ਹੀ ਲੁਕਿਆ ਹੋਇਆ ਹੈ, ਫਿਰ ਭੀ ਉਹ ਆਪ ਮਾਇਆ ਦੇ ਮੋਹ ਤੋਂ ਰਹਿਤ ਹੈ (ਹਰ ਥਾਂ ਵਿਆਪਕ ਹੋਣ ਕਰਕੇ) ਉਹ ਆਪ ਹੀ ਆਪਣੇ ਆਪ ਨੂੰ ਸਿਮਰ ਰਿਹਾ ਹੈ।

25412	578	ਨਾਨਕ ਭ੍ਰਮ ਭੈ ਗੁਣ ਬਿਨਾਸੇ ਮਿਲਿ ਜਲੁ ਜਲਹਿ ਖਟਾਨਾ॥੪॥੨॥		Naanak Bhram Bhai Gun Binaasae Mil Jal Jalehi Khattaanaa ||4||2||	O Nanak, doubt, fear and the limitations of the three qualities are dispelled, as one merges into the Lord, like water blending with water. ||4||2||	ਹੇ ਨਾਨਕ! (ਸੇਵਕ ਦੇ) ਅੰਦਰੋਂ ਭਰਮ ਡਰ ਤੇ ਮਾਇਆ ਦੇ ਤਿੰਨ ਗੁਣ ਨਾਸ ਹੋ ਜਾਂਦੇ ਹਨ, (ਉਹ ਇਉਂ ਪਰਮਾਤਮਾ ਨਾਲ ਇਕ-ਰੂਪ ਹੋਇਆ ਰਹਿੰਦਾ ਹੈ, ਜਿਵੇਂ) ਪਾਣੀ ਪਾਣੀ ਵਿੱਚ ਮਿਲ ਕੇ ਇਕ ਰੂਪ ਹੋ ਜਾਂਦਾ ਹੈ ॥੪॥੨॥
25413	578	ਵਡਹੰਸੁ ਮਹਲਾ ੫॥		Vaddehans Mehalaa 5 ||	Wadahans, Fifth Mehl:	
25414	578	ਪ੍ਰਭ ਕਰਣ ਕਾਰਣ ਸਮਰਥਾ ਰਾਮ॥	ਸਮਰੱਥਾ	Prabh Karan Kaaran Samarathhaa Raam ||	God is the all-powerful Creator, the Cause of causes.	ਹੇ ਜਗਤ ਦੇ ਮੂਲ ਪ੍ਰਭੂ! ਹੇ ਸਭ ਤਾਕਤਾਂ ਦੇ ਮਾਲਕ!
25415	578	ਰਖੁ ਜਗਤੁ ਸਗਲ ਦੇ ਹਥਾ ਰਾਮ॥	ਜੱਗਤੁ	Rakh Jagath Sagal Dhae Hathhaa Raam ||	He preserves the whole world, reaching out with His hand.	(ਆਪਣਾ) ਹੱਥ ਦੇ ਕੇ ਸਾਰੇ ਜਗਤ ਦੀ ਰੱਖਿਆ ਕਰ।
25416	578	ਸਮਰਥ ਸਰਣਾ ਜੋਗੁ ਸੁਆਮੀ ਕ੍ਰਿਪਾਨਿਧਿ ਸੁਖਦਾਤਾ॥	ਸਮਰੱਥ	Samarathh Saranaa Jog Suaamee Kirapaa Nidhh Sukhadhaathaa ||	He is the all-powerful, safe Sanctuary, Lord and Master, Treasure of mercy, Giver of peace.	ਹੇ ਸਭ-ਤਾਕਤਾਂ ਦੇ ਮਾਲਕ! ਹੇ ਸਰਨ ਪਏ ਦੀ ਸਹਾਇਤਾ ਕਰ ਸਕਣ ਵਾਲੇ ਮਾਲਕ! ਹੇ ਕਿਰਪਾ ਦੇ ਖ਼ਜ਼ਾਨੇ! ਹੇ ਸੁਖਦਾਤੇ!

25417	578	ਹੰਉ ਕੁਰਬਾਣੀ ਦਾਸ ਤੇਰੇ ਜਿਨੀ ਏਕੁ ਪਛਾਤਾ॥		Hano Kurabaanee Dhaas Thaerae Jinee Eaek Pashhaathaa ||	I am a sacrifice to Your slaves, who recognize only the One Lord.	ਮੈਂ ਤੇਰੇ ਉਹਨਾਂ ਸੇਵਕਾਂ ਤੋਂ ਸਦਕੇ ਜਾਂਦਾ ਹਾਂ ਜਿਨ੍ਹਾਂ ਨੇ ਤੇਰੇ ਨਾਲ ਸਾਂਝ ਪਾਈ ਹੈ।
25418	578	ਵਰਨੁ ਚਿਹਨੁ ਨ ਜਾਇ ਲਖਿਆ ਕਥਨ ਤੇ ਅਕਥਾ॥	ਅ-ਕਥਾ:ਪੋਲਾ ਬੋਲੋ	Varan Chihan N Jaae Lakhiaa Kathhan Thae Akathhaa ||	His color and shape cannot be seen; His description is indescribable.	ਹੇ ਪ੍ਰਭੂ! ਤੇਰਾ ਕੋਈ ਰੰਗ ਤੇਰਾ ਕੋਈ ਨਿਸ਼ਾਨ ਦੱਸਿਆ ਨਹੀਂ ਜਾ ਸਕਦਾ, ਤੇਰਾ ਸਰੂਪ ਬਿਆਨ ਤੋਂ ਬਾਹਰ ਹੈ।
25419	578	ਬਿਨਵੰਤਿ ਨਾਨਕ ਸੁਣਹੁ ਬਿਨਤੀ ਪ੍ਰਭ ਕਰਣ ਕਾਰਣ ਸਮਰਥਾ॥੧॥		Binavanth Naanak Sunahu Binathee Prabh Karan Kaaran Samarathhaa ||1||	Prays Nanak, hear my prayer, O God, Almighty Creator, Cause of causes. ||1||	ਨਾਨਕ ਬੇਨਤੀ ਕਰਦਾ ਹੈ ਕਿ ਹੇ ਪ੍ਰਭੂ! ਹੇ ਜਗਤ ਦੇ ਮੂਲ! ਹੇ ਸਭ ਤਾਕਤਾਂ ਦੇ ਮਾਲਕ! ਮੇਰੀ ਬੇਨਤੀ ਸੁਣ ॥੧॥
25420	578	ਏਹਿ ਜੀਅ ਤੇਰੇ ਤੂ ਕਰਤਾ ਰਾਮ॥		Eaehi Jeea Thaerae Thoo Karathaa Raam ||	These beings are Yours; You are their Creator.	ਹੇ ਪ੍ਰਭੂ! (ਸੰਸਾਰ ਦੇ) ਇਹ ਸਾਰੇ ਜੀਵ ਤੇਰੇ ਹਨ, ਤੂੰ ਇਹਨਾਂ ਦਾ ਪੈਦਾ ਕਰਨ ਵਾਲਾ ਹੈਂ,
25421	578	ਪ੍ਰਭ ਦੂਖ ਦਰਦ ਭ੍ਰਮ ਹਰਤਾ ਰਾਮ॥		Prabh Dhookh Dharadh Bhram Harathaa Raam ||	God is the Destroyer of pain, suffering and doubt.	ਤੂੰ ਸਭ ਜੀਵਾਂ ਨੂੰ ਦੁੱਖਾਂ ਕਲੇਸ਼ਾਂ ਭਰਮਾਂ ਤੋਂ ਬਚਾਣ ਵਾਲਾ ਹੈਂ।
25422	578	ਭ੍ਰਮ ਦੂਖ ਦਰਦ ਨਿਵਾਰਿ ਖਿਨ ਮਹਿ ਰਖਿ ਲੇਹੁ ਦੀਨ ਦੈਆਲਾ॥		Bhram Dhookh Dharadh Nivaar Khin Mehi Rakh Laehu Dheen Dhaiaalaa ||	Eliminate my doubt, pain and suffering in an instant, and preserve me, O Lord, Merciful to the meek.	ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਤੂੰ (ਸਾਰੇ ਜੀਵਾਂ ਦੇ) ਭਰਮ ਦੁੱਖ ਕਲੇਸ਼ ਇਕ ਖਿਨ ਵਿਚ ਦੂਰ ਕਰ ਕੇ ਬਚਾ ਲੈਂਦਾ ਹੈਂ।

25423	578	ਮਾਤ ਪਿਤਾ ਸੁਆਮਿ ਸਜਣੁ ਸਭੁ ਜਗਤੁ ਬਾਲ ਗੋਪਾਲਾ॥	ਜੱਗਤੁ	Maath Pithaa Suaam Sajan Sabh Jagath Baal Gopaalaa ||	You are mother, father and friend, O Lord and Master; the whole world is Your child, O Lord of the World.	ਹੇ ਗੋਪਾਲ! ਤੂੰ (ਸਭ ਜੀਵਾਂ ਦਾ) ਮਾਂ ਪਿਉ ਮਾਲਕ ਤੇ ਸੱਜਣ ਹੈਂ, ਸਾਰਾ ਜਗਤ ਤੇਰੇ ਬੱਚੇ ਹਨ।
25424	578	ਜੋ ਸਰਣਿ ਆਵੈ ਗੁਣ ਨਿਧਾਨ ਪਾਵੈ ਸੋ ਬਹੁੜਿ ਜਨਮਿ ਨ ਮਰਤਾ॥		Jo Saran Aavai Gun Nidhhaan Paavai So Bahurr Janam N Marathaa ||	One who comes seeking Your Sanctuary, obtains the treasure of virtue, and does not have to enter the cycle of birth and death again.	ਹੇ ਪ੍ਰਭੂ! ਜੇਹੜਾ ਜੀਵ ਤੇਰੀ ਸਰਨ ਆਉਂਦਾ ਹੈ ਉਹ (ਤੇਰੇ ਦਰ ਤੋਂ ਤੇਰੇ) ਗੁਣਾਂ ਦੇ ਖ਼ਜ਼ਾਨੇ ਹਾਸਲ ਕਰ ਲੈਂਦਾ ਹੈ, ਉਹ ਮੁੜ ਨਾਹ ਜੰਮਦਾ ਹੈ ਨਾਹ ਮਰਦਾ ਹੈ।
25425	578	ਬਿਨਵੰਤਿ ਨਾਨਕ ਦਾਸੁ ਤੇਰਾ ਸਭਿ ਜੀਅ ਤੇਰੇ ਤੂ ਕਰਤਾ॥੨॥		Binavanth Naanak Dhaas Thaeraa Sabh Jeea Thaerae Thoo Karathaa ||2||	Prays Nanak, I am Your slave. All beings are Yours; You are their Creator. ||2||	ਹੇ ਪ੍ਰਭੂ! ਤੇਰਾ ਦਾਸ ਨਾਨਕ ਬੇਨਤੀ ਕਰਦਾ ਹੈ ਕਿ ਜਗਤ ਦੇ ਸਾਰੇ ਜੀਵ ਤੇਰੇ ਹਨ, ਤੂੰ ਸਭ ਦਾ ਪੈਦਾ ਕਰਨ ਵਾਲਾ ਹੈਂ ॥੨॥
25426	578	ਆਠ ਪਹਰ ਹਰਿ ਧਿਆਈਐ ਰਾਮ॥		Aath Pehar Har Dhhiaaeeai Raam ||	Meditating on the Lord, twenty-four hours a day,	ਅੱਠੇ ਪਹਰ (ਹਰ ਵੇਲੇ) ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ,
25427	578	ਮਨ ਇਛਿਅੜਾ ਫਲੁ ਪਾਈਐ ਰਾਮ॥		Man Eishhiarraa Fal Paaeeai Raam ||	The fruits of the heart's desires are obtained.	(ਸਿਮਰਨ ਦੀ ਬਰਕਤਿ ਨਾਲ ਪ੍ਰਭੂ ਦੇ ਦਰ ਤੋਂ) ਮਨ-ਚਿਤਵਿਆ ਫਲ ਪ੍ਰਾਪਤ ਕਰ ਲਈਦਾ ਹੈ।

25428	578	ਮਨ ਇਛ ਪਾਈਐ ਪ੍ਰਭੁ ਧਿਆਈਐ ਮਿਟਹਿ ਜਮ ਕੇ ਤ੍ਰਾਸਾ॥		Man Eishh Paaeeai Prabh Dhhiaaeeai Mittehi Jam Kae Thraasaa ||	Your heart's desires are obtained, meditating on God, and the fear of death is dispelled.	ਮਨੋ-ਕਾਮਨਾ ਹਾਸਲ ਕਰ ਲਈਦੀ ਹੈ ਪਰਮਾਤਮਾ ਦਾ ਸਿਮਰਨ ਕਰਨ ਨਾਲ, ਇੰਜ ਜਮਰਾਜ ਦੇ ਸਾਰੇ ਸਹਮ ਭੀ ਮੁੱਕ ਜਾਂਦੇ ਹਨ।
25429	578	ਗੋਬਿਦੁ ਗਾਇਆ ਸਾਧਸੰਗਾਇਆ ਭਈ ਪੂਰਨ ਆਸਾ॥		Gobidh Gaaeiaa Saadhh Sangaaeiaa Bhee Pooran Aasaa ||	I sing of the Lord of the Universe in the Saadh Sangat, the Company of the Holy, and my hopes are fulfilled.	ਜਿਸ ਮਨੁੱਖ ਨੇ ਸਾਧ ਸੰਗਤ ਵਿਚ ਜਾ ਕੇ ਗੋਬਿੰਦ ਦੀ ਸਿਫ਼ਤ-ਸਾਲਾਹ ਕੀਤੀ, ਉਸ ਦੀ (ਹਰੇਕ) ਆਸ ਪੂਰੀ ਹੋ ਗਈ।
25430	578	ਤਜਿ ਮਾਨੁ ਮੋਹੁ ਵਿਕਾਰ ਸਗਲੇ ਪ੍ਰਭੂ ਕੈ ਮਨਿ ਭਾਈਐ॥		Thaj Maan Mohu Vikaar Sagalae Prabhoo Kai Man Bhaaeeai ||	Renouncing egotism, emotional attachment and all corruption, we become pleasing to the Mind of God.	ਅਹੰਕਾਰ, ਮੋਹ, ਸਾਰੇ ਵਿਕਾਰ ਦੂਰ ਕਰ ਕੇ ਪਰਮਾਤਮਾ ਦੇ ਮਨ ਵਿਚ ਭਾ ਜਾਈਦਾ ਹੈ।
25431	578	ਬਿਨਵੰਤਿ ਨਾਨਕ ਦਿਨਸੁ ਰੈਣੀ ਸਦਾ ਹਰਿ ਹਰਿ ਧਿਆਈਐ॥੩॥		Binavanth Naanak Dhinas Rainee Sadhaa Har Har Dhhiaaeeai ||3||	Prays Nanak, day and night, meditate forever on the Lord, Har, Har. ||3||	ਨਾਨਕ ਬੇਨਤੀ ਕਰਦਾ ਹੈ ਕਿ ਦਿਨ ਰਾਤ ਸਦਾ ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ ॥੩॥

25432	578	ਦਰਿ ਵਾਜਹਿ ਅਨਹਤ ਵਾਜੇ ਰਾਮ॥		Dhar Vaajehi Anehath Vaajae Raam ||	At the Lord's Door, the unstruck melody resounds.	ਜਿਸ ਦੇ ਹਿਰਦੇ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਵਾਜੇ ਸਦਾ ਵੱਜਦੇ ਹਨ,
25433	578	ਘਟਿ ਘਟਿ ਹਰਿ ਗੋਬਿੰਦੁ ਗਾਜੇ ਰਾਮ॥	(ਗੱਾਜੇ)ਪ੍ਰਗਟ ਹੋ ਰਹੇਹਨ	Ghatt Ghatt Har Gobindh Gaajae Raam ||	In each and every heart, the Lord, the Lord of the Universe, sings.	ਉਸ ਨੂੰ ਪਰਮਾਤਮਾ ਹਰੇਕ ਸਰੀਰ ਵਿਚ ਪ੍ਰਤੱਖ ਵੱਸਦਾ ਦਿੱਸਦਾ ਹੈ।
25434	578	ਗੋਵਿਦ ਗਾਜੇ ਸਦਾ ਬਿਰਾਜੇ ਅਗਮ ਅਗੋਚਰੁ ਊਚਾ॥	(ਅ-ਗਮ) ਸੋਗ ਰਹਿਤ	Govidh Gaajae Sadhaa Biraajae Agam Agochar Oochaa ||	The Lord of the Universe sings, and abides forever; He is unfathomable, profoundly deep, lofty and exalted.	ਪਰਮਾਤਮਾ ਸਦਾ ਹਰੇਕ ਸਰੀਰ ਵਿਚ ਪ੍ਰਤੱਖ ਵੱਸ ਰਿਹਾ ਹੈ, ਉਹ ਅਪੁੰਚ ਪ੍ਰਭੂ ਜਿਸ ਤਕ ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੈ, ਉਹ ਸਭ ਤੋਂ ਉੱਚਾ ਹੈ।
25435	578	ਗੁਣ ਬੇਅੰਤ ਕਿਛੁ ਕਹਣੁ ਨ ਜਾਈ ਕੋਇ ਨ ਸਕੈ ਪਹੂਚਾ॥		Gun Baeanth Kishh Kehan N Jaaee Koe N Sakai Pehoochaa ||	His virtues are infinite - none of them can be described. No one can reach Him.	ਪਰਮਾਤਮਾ ਵਿਚ ਬੇਅੰਤ ਗੁਣ ਹਨ, ਉਸ ਦੇ ਸਰੂਪ ਬਾਰੇ ਕੁਝ ਕਿਹਾ ਨਹੀਂ ਜਾ ਸਕਦਾ, ਕੋਈ ਮਨੁੱਖ ਉਸ ਦੇ ਗੁਣਾਂ ਦੇ ਅਖ਼ੀਰ ਤਕ ਨਹੀਂ ਪਹੁੰਚ ਸਕਦਾ।
25436	578	ਆਪਿ ਉਪਾਏ ਆਪਿ ਪ੍ਰਤਿਪਾਲੇ ਜੀਅ ਜੰਤ ਸਭਿ ਸਾਜੇ॥		Aap Oupaaeae Aap Prathipaalae Jeea Janth Sabh Saajae ||	He Himself creates, and He Himself sustains; all beings and creatures are fashioned by Him.	ਪਰਮਾਤਮਾ ਆਪ ਸਭ ਨੂੰ ਪੈਦਾ ਕਰਦਾ ਹੈ, ਆਪ ਹੀ ਪਾਲਣਾ ਕਰਦਾ ਹੈ, ਸਾਰੇ ਜੀਅ ਜੰਤ ਉਸ ਨੇ ਆਪ ਹੀ ਬਣਾਏ ਹੋਏ ਹਨ।

25437	578	ਬਿਨਵੰਤਿ ਨਾਨਕ ਸੁਖੁ ਨਾਮਿ ਭਗਤੀ ਦਰਿ ਵਜਹਿ ਅਨਹਦ ਵਾਜੇ॥੪॥੩॥		Binavanth Naanak Sukh Naam Bhagathee Dhar Vajehi Anehadh Vaajae ||4||3||	Prays Nanak, happiness comes from devotional worship of the Naam; at His Door, the unstruck melody resounds. ||4||3||	ਨਾਨਕ ਬੇਨਤੀ ਕਰਦਾ ਹੈ ਕਿ ਪਰਮਾਤਮਾ ਦੇ ਨਾਮ ਵਿਚ ਜੁੜਿਆਂ ਪਰਮਾਤਮਾ ਦੀ ਭਗਤੀ ਕੀਤਿਆਂ ਆਨੰਦ ਪ੍ਰਾਪਤ ਹੁੰਦਾ ਹੈ ਤੇ ਇਕ-ਰਸ ਵਾਜੇ ਵੱਜ ਪੈਂਦੇ ਹਨ ॥੪॥੩॥
25438	578	ਰਾਗੁ ਵਡਹੰਸੁ ਮਹਲਾ ੧ ਘਰੁ ੫ ਅਲਾਹਣੀਆ	ਘਰੁ ਪੰਜਵਾਂ। (ਅਲਾਹਣੀਆਂ) ਮਰਨ ਤੇ ਗੁਣਾਂ ਦੇ ਵੈਰਾਗਮਈ ਸ਼ਬਦ ਗਉਣੇ	Raag Vaddehans Mehalaa 1 Ghar 5 Alaahaneeaa	Raag Wadahans, First Mehl, Fifth House, Alaahanees ~ Songs Of Mourning:	ਰਾਗ ਵਡਹੰਸ, ਘਰ ੫ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਅਲਾਹਣੀਆਂ'।
25439	578	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
25440	578	ਧੰਨੁ ਸਿਰੰਦਾ ਸਚਾ ਪਾਤਿਸਾਹੁ ਜਿਨਿ ਜਗੁ ਧੰਧੈ ਲਾਇਆ॥	(ਸਿਰੰਦਾ) ਸਿਰਜਣਹਾਰ	Dhhann Sirandhaa Sachaa Paathisaahu Jin Jag Dhhandhhai Laaeiaa ||	Blessed is the Creator, the True King, who has linked the whole world to its tasks.	ਉਹ ਸਿਰਜਣਹਾਰ ਪਾਤਿਸ਼ਾਹ ਸਦਾ ਕਾਇਮ ਰਹਿਣ ਵਾਲਾ ਹੈ, ਜਿਸ ਨੇ ਜਗਤ ਨੂੰ ਮਾਇਆ ਦੇ ਆਹਰ ਵਿਚ ਲਾ ਰੱਖਿਆ ਹੈ।
25441	578	ਮੁਹਲਤਿ ਪੁਨੀ ਪਾਈ ਭਰੀ ਜਾਨੀਅੜਾ ਘਤਿ ਚਲਾਇਆ॥	(ਮੁਹਲਤਿ) ਸਮਾਂ। (ਪੁਨੀ) ਪੂਰਾ ਹੋਇਆ। (ਜਾਨੀ-ਅੜਾ) ਪਿਆਰਾ। (ਘੱਤਿ) ਫੜਕੇ	Muhalath Punee Paaee Bharee Jaaneearraa Ghath Chalaaeiaa ||	When one's time is up, and the measure is full, this dear soul is caught, and driven off.	ਜਦੋਂ ਜੀਵ ਨੂੰ ਮਿਲਿਆ ਸਮਾ ਮੁੱਕ ਜਾਂਦਾ ਹੈ ਤੇ ਜਦੋਂ ਇਸ ਦੀ ਉਮਰ ਦੀ ਪਿਆਲੀ ਭਰ ਜਾਂਦੀ ਹੈ ਤਾਂ (ਸਰੀਰ ਦੇ) ਪਿਆਰੇ ਸਾਥੀ ਨੂੰ ਫੜ ਕੇ ਅੱਗੇ ਲਾ ਲਿਆ ਜਾਂਦਾ ਹੈ।

25442	579	ਜਾਨੀ ਘਤਿ ਚਲਾਇਆ ਲਿਖਿਆ ਆਇਆ ਰੁੰਨੇ ਵੀਰ ਸਬਾਏ॥	(ਰੁੰਨੇ) ਰੋਏ	Jaanee Ghath Chalaaeiaa Likhiaa Aaeiaa Runnae Veer Sabaaeae ||	This dear soul is driven off, when the pre-ordained Order is received, and all the relatives cry out in mourning.	(ਉਮਰ ਦਾ ਸਮਾ ਮੁੱਕਣ ਤੇ) ਜਦੋਂ ਪਰਮਾਤਮਾ ਦਾ ਲਿਖਿਆ (ਹੁਕਮ) ਅਉਂਦਾ ਹੈ ਤਾਂ ਸਾਰੇ ਸੱਜਣ ਸੰਬੰਧੀ ਰੋਂਦੇ ਹਨ।
25443	579	ਕਾਂਇਆ ਹੰਸ ਥੀਆ ਵੇਛੋੜਾ ਜਾਂ ਦਿਨ ਪੁੰਨੇ ਮੇਰੀ ਮਾਏ॥	(ਹੰਸ) ਜੀਵਾਤਮਾ	Kaaneiaa Hans Thheeaa Vaeshhorraa Jaan Dhin Punnae Maeree Maaeae ||	The body and the swan-soul are separated, when one's days are past and done, O my mother.	ਹੇ ਮੇਰੀ ਮਾਂ! ਜਦੋਂ ਉਮਰ ਦੇ ਦਿਨ ਪੂਰੇ ਹੋ ਜਾਂਦੇ ਹਨ, ਤਾਂ ਸਰੀਰ ਤੇ ਜੀਵਾਤਮਾ ਦਾ (ਸਦਾ ਲਈ) ਵਿਛੋੜਾ ਹੋ ਜਾਂਦਾ ਹੈ।
25444	579	ਜੇਹਾ ਲਿਖਿਆ ਤੇਹਾ ਪਾਇਆ ਜੇਹਾ ਪੁਰਬਿ ਕਮਾਇਆ॥		Jaehaa Likhiaa Thaehaa Paaeiaa Jaehaa Purab Kamaaeiaa ||	As is one's pre-ordained Destiny, so does one receive, according to one's past actions.	(ਉਸ ਅੰਤ ਸਮੇ ਤੋਂ) ਪਹਿਲਾਂ ਪਹਿਲਾਂ ਜੋ ਜੋ ਕਰਮ ਜੀਵ ਨੇ ਕਮਾਇਆ ਹੁੰਦਾ ਹੈ (ਉਸ ਉਸ ਦੇ ਅਨੁਸਾਰ) ਜਿਹੋ ਜਿਹਾ ਸੰਸਕਾਰਾਂ ਦਾ ਲੇਖ (ਉਸ ਦੇ ਮੱਥੇ ਤੇ) ਲਿਖਿਆ ਜਾਂਦਾ ਹੈ ਉਹੋ ਜਿਹਾ ਫਲ ਜੀਵ ਪਾਂਦਾ ਹੈ।
25445	579	ਧੰਨੁ ਸਿਰੰਦਾ ਸਚਾ ਪਾਤਿਸਾਹੁ ਜਿਨਿ ਜਗੁ ਧੰਧੈ ਲਾਇਆ॥੧॥		Dhhann Sirandhaa Sachaa Paathisaahu Jin Jag Dhhandhhai Laaeiaa ||1||	Blessed is the Creator, the True King, who has linked the whole world to its tasks. ||1||	ਉਹ ਸਿਰਜਣਹਾਰ ਪਾਤਿਸ਼ਾਹ ਸਦਾ ਕਾਇਮ ਰਹਿਣ ਵਾਲਾ ਹੈ, ਜਿਸ ਨੇ ਜਗਤ ਨੂੰ ਮਾਇਆ ਦੇ ਆਹਰ ਵਿਚ ਲਾ ਰੱਖਿਆ ਹੈ ॥੧॥

25446	579	ਸਾਹਿਬੁ ਸਿਮਰਹੁ ਮੇਰੇ ਭਾਈਹੋ ਸਭਨਾ ਏਹੁ ਪਇਆਣਾ॥	ਪਇ-ਆਣਾ	Saahib Simarahu Maerae Bhaaeeho Sabhanaa Eaehu Paeiaanaa ||	Meditate in remembrance on the Lord and Master, O my Siblings of Destiny; everyone has to pass this way.	ਹੇ ਮੇਰੇ ਭਰਾਵੋ! (ਸਦਾ-ਥਿਰ) ਮਾਲਕ-ਪ੍ਰਭੂ ਦਾ ਸਿਮਰਨ ਕਰੋ। (ਦੁਨੀਆ ਤੋਂ) ਇਹ ਕੂਚ ਸਭਨਾਂ ਨੇ ਹੀ ਕਰਨਾ ਹੈ।
25447	579	ਏਥੈ ਧੰਧਾ ਕੂੜਾ ਚਾਰਿ ਦਿਹਾ ਆਗੈ ਸਰਪਰ ਜਾਣਾ॥		Eaethhai Dhhandhhaa Koorraa Chaar Dhihaa Aagai Sarapar Jaanaa ||	These false entanglements last for only a few days; then, one must surely move on to the world hereafter.	ਦੁਨੀਆ ਵਿਚ ਮਾਇਆ ਦਾ ਝੂਠਾ ਆਹਰ ਚਾਰ ਦਿਨਾਂ ਲਈ ਹੀ ਹੈ, (ਹਰੇਕ ਨੇ ਹੀ) ਇਥੋਂ ਅਗਾਂਹ (ਪਰਲੋਕ ਵਿਚ) ਜ਼ਰੂਰ ਚਲੇ ਜਾਣਾ ਹੈ।
25448	579	ਆਗੈ ਸਰਪਰ ਜਾਣਾ ਜਿਉ ਮਿਹਮਾਣਾ ਕਾਹੇ ਗਾਰਬੁ ਕੀਜੈ॥		Aagai Sarapar Jaanaa Jio Mihamaanaa Kaahae Gaarab Keejai ||	He must surely move on to the world hereafter, like a guest; so why does he indulge in ego?	ਇਥੋਂ ਅਗਾਂਹ ਜ਼ਰੂਰ (ਹਰੇਕ ਨੇ) ਚਲੇ ਜਾਣਾ ਹੈ, (ਇਥੇ ਜਗਤ ਵਿਚ) ਅਸੀਂ ਪਰਾਹੁਣਿਆਂ ਵਾਂਗ ਹੀ ਹਾਂ, (ਕਿਸੇ ਵੀ ਧਨ ਪਦਾਰਥ ਆਦਿਕ ਦਾ) ਮਾਣ ਕਰਨਾ ਵਿਅਰਥ ਹੈ।
25449	579	ਜਿਤੁ ਸੇਵਿਐ ਦਰਗਹ ਸੁਖੁ ਪਾਈਐ ਨਾਮੁ ਤਿਸੈ ਕਾ ਲੀਜੈ॥		Jith Saeviai Dharageh Sukh Paaeeai Naam Thisai Kaa Leejai ||	Chant the Name of the Lord; serving Him, you shall obtain peace in His Court.	ਉਸ ਪਰਮਾਤਮਾ ਦਾ ਹੀ ਨਾਮ ਸਿਮਰਨਾ ਚਾਹੀਦਾ ਹੈ ਜਿਸ ਦੇ ਸਿਮਰਨ ਨਾਲ ਪਰਮਾਤਮਾ ਦੀ ਹਜ਼ੂਰੀ ਵਿਚ ਆਤਮਕ ਆਨੰਦ ਮਿਲਦਾ ਹੈ।

25450	579	ਆਗੈ ਹੁਕਮੁ ਨ ਚਲੈ ਮੂਲੇ ਸਿਰਿ ਸਿਰਿ ਕਿਆ ਵਿਹਾਣਾ॥		Aagai Hukam N Chalai Moolae Sir Sir Kiaa Vihaanaa ||	In the world hereafter, no one's commands will be obeyed. According to their actions, each and every person proceeds.	ਪਰਲੋਕ ਵਿਚ ਕਿਸੇ ਦਾ ਭੀ ਹੁਕਮ ਨਹੀਂ ਚੱਲ ਸਕਦਾ, ਉਥੇ ਤਾਂ ਹਰੇਕ ਦੇ ਸਿਰ ਉਤੇ (ਆਪੋ ਆਪਣੇ) ਕੀਤੇ ਅਨੁਸਾਰ ਬੀਤਦੀ ਹੈ।
25451	579	ਸਾਹਿਬੁ ਸਿਮਰਿਹੁ ਮੇਰੇ ਭਾਈਹੋ ਸਭਨਾ ਏਹੁ ਪਇਆਣਾ॥੨॥		Saahib Simarihu Maerae Bhaaeeho Sabhanaa Eaehu Paeiaanaa ||2||	Meditate in remembrance on the Lord and Master, O my Siblings of Destiny; everyone has to pass this way. ||2||	ਹੇ ਮੇਰੇ ਭਰਾਵੋ! (ਸਦਾ-ਥਿਰ) ਮਾਲਕ-ਪ੍ਰਭੂ ਦਾ ਸਿਮਰਨ ਕਰੋ। (ਦੁਨੀਆ ਤੋਂ) ਇਹ ਕੂਚ ਸਭ ਨੇ ਹੀ ਕਰ ਜਾਣਾ ਹੈ ॥੨॥
25452	579	ਜੋ ਤਿਸੁ ਭਾਵੈ ਸੰਮ੍ਰਥ ਸੋ ਥੀਐ ਹੀਲੜਾ ਏਹੁ ਸੰਸਾਰੋ॥	ਸੰਮ੍ਰੱਥ	Jo This Bhaavai Sanmrathh So Thheeai Heelarraa Eaehu Sansaaro ||	Whatever pleases the Almighty Lord, that alone comes to pass; this world is an opportunity to please Him.	ਜਗਤ ਦੇ ਜੀਵਾਂ ਦਾ ਉੱਦਮ ਤਾਂ ਇਕ ਬਹਾਨਾ ਹੀ ਹੈ, ਹੁੰਦਾ ਉਹੀ ਕੁਝ ਹੈ ਜੋ ਉਸ ਸਰਬ-ਸ਼ਕਤੀਮਾਨ ਪ੍ਰਭੂ ਨੂੰ ਭਾਉਂਦਾ ਹੈ।
25453	579	ਜਲਿ ਥਲਿ ਮਹੀਅਲਿ ਰਵਿ ਰਹਿਆ ਸਾਚੜਾ ਸਿਰਜਣਹਾਰੋ॥		Jal Thhal Meheeal Rav Rehiaa Saacharraa Sirajanehaaro ||	The True Creator Lord is pervading and permeating the water, the land and the air.	ਉਹ ਸਦਾ-ਥਿਰ ਰਹਿਣ ਵਾਲਾ ਸਿਰਜਣਹਾਰ ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ ਹਰ ਥਾਂ ਮੌਜੂਦ ਹੈ।

25454	579	ਸਾਚਾ ਸਿਰਜਣਹਾਰੋ ਅਲਖ ਅਪਾਰੋ ਤਾ ਕਾ ਅੰਤੁ ਨ ਪਾਇਆ॥		Saachaa Sirajanehaaro Alakh Apaaro Thaa Kaa Anth N Paaeiaa ||	The True Creator Lord is invisible and infinite; His limits cannot be found.	ਉਹ ਪ੍ਰਭੂ ਸਦਾ-ਥਿਰ ਰਹਿਣ ਵਾਲਾ ਹੈ ਸਭ ਦਾ ਪੈਦਾ ਕਰਨ ਵਾਲਾ ਹੈ, ਅਦ੍ਰਿਸ਼ਟ ਹੈ, ਬੇਅੰਤ ਹੈ, ਕੋਈ ਭੀ ਜੀਵ ਉਸ ਦੇ ਗੁਣਾਂ ਦਾ ਅੰਤ ਨਹੀਂ ਲੱਭ ਸਕਦਾ।
25455	579	ਆਇਆ ਤਿਨ ਕਾ ਸਫਲੁ ਭਇਆ ਹੈ ਇਕ ਮਨਿ ਜਿਨੀ ਧਿਆਇਆ॥		Aaeiaa Thin Kaa Safal Bhaeiaa Hai Eik Man Jinee Dhhiaaeiaa ||	Fruitful is the coming of those, who meditate single-mindedly on Him.	ਜਗਤ ਵਿਚ ਜੰਮਣਾ ਉਹਨਾਂ ਦਾ ਹੀ ਸਫਲ ਕਿਹਾ ਜਾਂਦਾ ਹੈ ਜਿਨ੍ਹਾਂ ਨੇ ਉਸ ਬੇਅੰਤ ਪ੍ਰਭੂ ਨੂੰ ਸੁਰਤ ਜੋੜ ਕੇ ਸਿਮਰਿਆ ਹੈ।
25456	579	ਢਾਹੇ ਢਾਹਿ ਉਸਾਰੇ ਆਪੇ ਹੁਕਮਿ ਸਵਾਰਣਹਾਰੋ॥		Dtaahae Dtaahi Ousaarae Aapae Hukam Savaaranehaaro ||	He destroys, and having destroyed, He creates; by His Order, He adorns us.	ਉਹ ਪਰਮਾਤਮਾ ਆਪ ਹੀ ਜਗਤ-ਰਚਨਾ ਨੂੰ ਢਾਹ ਦੇਂਦਾ ਹੈ, ਢਾਹ ਕੇ ਆਪ ਹੀ ਫਿਰ ਬਣਾ ਲੈਂਦਾ ਹੈ, ਉਹ ਆਪਣੇ ਹੁਕਮ ਵਿਚ ਜੀਵਾਂ ਨੂੰ ਚੰਗੇ ਜੀਵਨ ਵਾਲੇ ਬਣਾਂਦਾ ਹੈ।
25457	579	ਜੋ ਤਿਸੁ ਭਾਵੈ ਸੰਮ੍ਰਥ ਸੋ ਥੀਐ ਹੀਲੜਾ ਏਹੁ ਸੰਸਾਰੋ॥੩॥	(ਹੀਲੜਾ) ਬਹਾਨਾ	Jo This Bhaavai Sanmrathh So Thheeai Heelarraa Eaehu Sansaaro ||3||	Whatever pleases the Almighty Lord, that alone comes to pass; this world is an opportunity to please Him. ||3||	ਜਗਤ ਦੇ ਜੀਵਾਂ ਦਾ ਉੱਦਮ ਤਾਂ ਇਕ ਬਹਾਨਾ ਹੀ ਹੈ, ਹੁੰਦਾ ਉਹੀ ਕੁਝ ਹੈ ਜੋ ਉਸ ਸਰਬ-ਸ਼ਕਤੀਮਾਨ ਪ੍ਰਭੂ ਨੂੰ ਚੰਗਾ ਲੱਗਦਾ ਹੈ ॥੩॥

25458	579	ਨਾਨਕ ਰੁੰਨਾ ਬਾਬਾ ਜਾਣੀਐ ਜੇ ਰੋਵੈ ਲਾਇ ਪਿਆਰੋ॥		Naanak Runnaa Baabaa Jaaneeai Jae Rovai Laae Piaaro ||	Nanak: he alone truly weeps, O Baba, who weeps in the Lord's Love.	ਹੇ ਨਾਨਕ! ਉਸੇ ਨੂੰ ਸਹੀ ਵੈਰਾਗ ਵਿਚ ਆਇਆ ਜਾਣੋ, ਜੋ ਪਿਆਰ ਨਾਲ (ਪਰਮਾਤਮਾ ਦੇ ਮਿਲਾਪ ਦੀ ਖ਼ਾਤਰ) ਵੈਰਾਗ ਵਿਚ ਆਉਂਦਾ ਹੈ।
25459	579	ਵਾਲੇਵੇ ਕਾਰਣਿ ਬਾਬਾ ਰੋਈਐ ਰੋਵਣੁ ਸਗਲ ਬਿਕਾਰੋ॥	(ਵਾਲੇਵੇ) ਪਦਾਰਥਾਂ	Vaalaevae Kaaran Baabaa Roeeai Rovan Sagal Bikaaro ||	One who weeps for the sake of worldly objects, O Baba, weeps totally in vain.	ਹੇ ਭਾਈ! ਦੁਨੀਆ ਦੇ ਧਨ ਪਦਾਰਥ ਦੀ ਖ਼ਾਤਰ ਜੋ ਰੋਵੀਦਾ ਹੈ ਉਹ ਰੋਣਾ ਸਾਰਾ ਹੀ ਵਿਅਰਥ ਜਾਂਦਾ ਹੈ।
25460	579	ਰੋਵਣੁ ਸਗਲ ਬਿਕਾਰੋ ਗਾਫਲੁ ਸੰਸਾਰੋ ਮਾਇਆ ਕਾਰਣਿ ਰੋਵੈ॥		Rovan Sagal Bikaaro Gaafal Sansaaro Maaeiaa Kaaran Rovai ||	This weeping is all in vain; the world forgets the Lord, and weeps for the sake of Maya.	ਪਰਮਾਤਮਾ ਵਲੋਂ ਭੁੱਲਾ ਹੋਇਆ ਜਗਤ ਮਾਇਆ ਦੀ ਖ਼ਾਤਰ ਰੋਂਦਾ ਹੈ ਇਹ ਸਾਰਾ ਹੀ ਰੁਦਨ ਵਿਅਰਥ ਹੈ।
25461	579	ਚੰਗਾ ਮੰਦਾ ਕਿਛੁ ਸੂਝੈ ਨਾਹੀ ਇਹੁ ਤਨੁ ਏਵੈ ਖੋਵੈ॥		Changaa Mandhaa Kishh Soojhai Naahee Eihu Than Eaevai Khovai ||	He does not distinguish between good and evil, and wastes away this life in vain.	ਮਨੁੱਖ ਨੂੰ ਚੰਗੇ ਮੰਦੇ ਕੰਮ ਦੀ ਪਛਾਣ ਨਹੀਂ ਆਉਂਦੀ, (ਮਾਇਆ ਦੀ ਖ਼ਾਤਰ ਰੋ ਰੋ ਕੇ) ਇਸ ਸਰੀਰ ਨੂੰ ਵਿਅਰਥ ਹੀ ਨਾਸ ਕਰ ਲੈਂਦਾ ਹੈ।
25462	579	ਐਥੈ ਆਇਆ ਸਭੁ ਕੋ ਜਾਸੀ ਕੂੜਿ ਕਰਹੁ ਅਹੰਕਾਰੋ॥	ਅਹੰ-ਕਾਰੋ	Aithhai Aaeiaa Sabh Ko Jaasee Koorr Karahu Ahankaaro ||	Everyone who comes here, shall have to leave; to act in ego is false.	ਜੋ ਜਗਤ ਵਿਚ (ਜਨਮ ਲੈ ਕੇ) ਆਇਆ ਹੈ (ਆਪਣਾ ਸਮਾ ਮੁਕਾ ਕੇ) ਚਲਾ ਜਾਇਗਾ, ਨਾਸਵੰਤ ਜਗਤ ਦੇ ਮੋਹ ਵਿਚ ਫਸ ਕੇ (ਵਿਅਰਥ) ਮਾਣ ਕਰਦੇ ਹੋ।

25463	579	ਨਾਨਕ ਰੁੰਨਾ ਬਾਬਾ ਜਾਣੀਐ ਜੇ ਰੋਵੈ ਲਾਇ ਪਿਆਰੋ॥੪॥੧॥		Naanak Runnaa Baabaa Jaaneeai Jae Rovai Laae Piaaro ||4||1||	Nanak: he alone truly weeps, O Baba, who weeps in the Lord's Love. ||4||1||	ਹੇ ਨਾਨਕ! ਉਸੇ ਨੂੰ ਸਹੀ ਵੈਰਾਗ ਵਿਚ ਆਇਆ ਜਾਣੋ, ਜੋ ਪਿਆਰ ਨਾਲ (ਪਰਮਾਤਮਾ ਦੇ ਮਿਲਾਪ ਦੀ ਖ਼ਾਤਰ) ਵੈਰਾਗ ਵਿਚ ਆਉਂਦਾ ਹੈ ॥੪॥੧॥
25464	579	ਵਡਹੰਸੁ ਮਹਲਾ ੧॥		Vaddehans Mehalaa 1 ||	Wadahans, First Mehl:	
25465	579	ਆਵਹੁ ਮਿਲਹੁ ਸਹੇਲੀਹੋ ਸਚੜਾ ਨਾਮੁ ਲਏਹਾਂ॥		Aavahu Milahu Sehaeleeho Sacharraa Naam Leaehaan ||	Come, O my companions - let us meet together and dwell upon the True Name.	ਹੇ ਸਹੇਲੀਹੋ! (ਹੇ ਸਤਸੰਗੀ ਸੱਜਣੋ!) ਆਓ, ਰਲ ਕੇ ਬੈਠੀਏ ਤੇ ਪਰਮਾਤਮਾ ਦਾ ਸਦਾ-ਥਿਰ ਰਹਿਣ ਵਾਲਾ ਨਾਮ ਸਿਮਰੀਏ।
25466	579	ਰੋਵਹ ਬਿਰਹਾ ਤਨ ਕਾ ਆਪਣਾ ਸਾਹਿਬੁ ਸੰਮ੍ਹਾਲੇਹਾਂ॥		Roveh Birehaa Than Kaa Aapanaa Saahib Sanmhaalaehaan ||	Let us weep over the body's separation from the Lord and Master; let us remember Him in contemplation.	ਆਓ, ਪ੍ਰਭੂ ਤੋਂ ਆਪਣੇ ਵਿਛੋੜੇ ਦਾ ਮੁੜ ਮੁੜ ਅਫ਼ਸੋਸ ਨਾਲ ਚੇਤਾ ਕਰੀਏ, (ਉਹ ਵਿਛੋੜਾ ਦੂਰ ਕਰਨ ਲਈ) ਮਾਲਕ-ਪ੍ਰਭੂ ਨੂੰ ਯਾਦ ਕਰੀਏ।
25467	579	ਸਾਹਿਬੁ ਸਮ੍ਹਾਲਿਹ ਪੰਥੁ ਨਿਹਾਲਿਹ ਅਸਾ ਭਿ ਓਥੈ ਜਾਣਾ॥	(ਨਿਹਾਲਿਹ) ਦੇਖੀਏ	Saahib Samhaalih Panthh Nihaalih Asaa Bh Outhhai Jaanaa ||	Let us remember the Lord and Master in contemplation, and keep a watchful eye on the Path. We shall have to go there as well.	ਆਓ, ਅਸੀਂ ਮਾਲਕ ਨੂੰ ਹਿਰਦੇ ਵਿਚ ਵਸਾਈਏ, ਤੇ ਉਸ ਰਸਤੇ ਨੂੰ ਤੱਕੀਏ (ਜਿਸ ਰਸਤੇ ਸਭ ਜਾ ਰਹੇ ਹਨ)। ਅਸਾਂ ਭੀ (ਆਖ਼ਿਰ) ਉਸ ਪਰਲੋਕ ਵਿਚ ਜਾਣਾ ਹੈ (ਜਿਥੇ ਅਨੇਕਾਂ ਜਾ ਚੁਕੇ ਹਨ)।

25468	579	ਜਿਸ ਕਾ ਕੀਆ ਤਿਨ ਹੀ ਲੀਆ ਹੋਆ ਤਿਸੈ ਕਾ ਭਾਣਾ॥		Jis Kaa Keeaa Thin Hee Leeaa Hoaa Thisai Kaa Bhaanaa ||	He who has created, also destroys; whatever happens is by His Will.	(ਕਿਸੇ ਦੇ ਮਰਨ ਤੇ ਰੋਣਾ ਵਿਅਰਥ ਹੈ) ਜਿਸ ਪ੍ਰਭੂ ਦਾ ਇਹ ਪੈਦਾ ਕੀਤਾ ਹੋਇਆ ਸੀ, ਉਸੇ ਨੇ ਜਿੰਦ ਵਾਪਸ ਲੈ ਲਈ ਹੈ, ਉਸੇ ਦੀ ਰਜ਼ਾ ਹੋਈ ਹੈ।
25469	579	ਜੋ ਤਿਨਿ ਕਰਿ ਪਾਇਆ ਸੁ ਆਗੈ ਆਇਆ ਅਸੀ ਕਿ ਹੁਕਮੁ ਕਰੇਹਾ॥		Jo Thin Kar Paaeiaa S Aagai Aaeiaa Asee K Hukam Karaehaa ||	Whatever He has done, has come to pass; how can we command Him?	ਇਥੇ ਜਗਤ ਵਿਚ ਜੀਵ ਨੇ ਜੋ ਕੁਝ ਕੀਤਾ, (ਮਰਨ ਤੇ) ਉਸ ਦੇ ਅੱਗੇ ਆ ਜਾਂਦਾ ਹੈ। (ਇਸ ਰੱਬੀ ਨਿਯਮ ਅੱਗੇ) ਸਾਡਾ ਕੋਈ ਜ਼ੋਰ ਨਹੀਂ ਚੜ੍ਹ ਸਕਦਾ।
25470	579	ਆਵਹੁ ਮਿਲਹੁ ਸਹੇਲੀਹੋ ਸਚੜਾ ਨਾਮੁ ਲਏਹਾ॥੧॥		Aavahu Milahu Sehaeleeho Sacharraa Naam Leaehaa ||1||	Come, O my companions - let us meet together and dwell upon the True Name. ||1||	ਹੇ ਸਹੇਲੀਹੋ! (ਹੇ ਸਤਸੰਗੀ ਸੱਜਣੋ!) ਆਓ, ਰਲ ਕੇ ਬੈਠੀਏ ਤੇ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਨਾਮ ਸਿਮਰੀਏ ॥੧॥
25471	579	ਮਰਣੁ ਨ ਮੰਦਾ ਲੋਕਾ ਆਖੀਐ ਜੇ ਮਰਿ ਜਾਣੈ ਐਸਾ ਕੋਇ॥		Maran N Mandhaa Lokaa Aakheeai Jae Mar Jaanai Aisaa Koe ||	Death would not be called bad, O people, if one knew how to truly die.	ਹੇ ਲੋਕੋ! ਮੌਤ ਨੂੰ ਮਾੜਾ ਨਾਹ ਆਖੋ (ਮੌਤ ਚੰਗੀ ਹੈ, ਪਰ ਤਦੋਂ ਹੀ) ਜੇ ਕੋਈ ਮਨੁੱਖ ਉਸ ਤਰੀਕੇ ਨਾਲ (ਜਿਊ ਕੇ) ਮਰਨਾ ਜਾਣਦਾ ਹੋਵੇ।
25472	579	ਸੇਵਿਹੁ ਸਾਹਿਬੁ ਸੰਮ੍ਰਥੁ ਆਪਣਾ ਪੰਥੁ ਸੁਹੇਲਾ ਆਗੈ ਹੋਇ॥		Saevihu Saahib Sanmrathh Aapanaa Panthh Suhaelaa Aagai Hoe ||	Serve your Almighty Lord and Master, and your path in the world hereafter will be easy.	(ਉਹ ਤਰੀਕਾ ਇਹ ਹੈ ਕਿ) ਆਪਣੇ ਸਰਬ-ਸ਼ਕਤੀਵਾਨ ਮਾਲਕ ਨੂੰ ਸਿਮਰੋ, (ਤਾਂ ਕਿ ਜੀਵਨ ਦੇ ਸਫ਼ਰ ਵਿਚ) ਰਸਤਾ ਸੌਖਾ ਹੋ ਜਾਏ।

25473	579	ਪੰਥਿ ਸੁਹੇਲੈ ਜਾਵਹੁ ਤਾਂ ਫਲੁ ਪਾਵਹੁ ਆਗੈ ਮਿਲੈ ਵਡਾਈ॥		Panthh Suhaelai Jaavahu Thaan Fal Paavahu Aagai Milai Vaddaaee ||	Take this easy path, and you shall obtain the fruits of your rewards, and receive honor in the world hereafter.	(ਸਿਮਰਨ ਦੀ ਬਰਕਤਿ ਨਾਲ) ਸੌਖੇ ਜੀਵਨ-ਰਸਤੇ ਤੁਰੋਗੇ ਤਾਂ ਇਸ ਦਾ ਫਲ ਭੀ ਮਿਲੇਗਾ ਤੇ ਪ੍ਰਭੂ ਹੀ ਹਜ਼ੂਰੀ ਵਿਚ ਇੱਜ਼ਤ ਮਿਲੇਗੀ।
25474	579	ਭੇਟੈ ਸਿਉ ਜਾਵਹੁ ਸਚਿ ਸਮਾਵਹੁ ਤਾਂ ਪਤਿ ਲੇਖੈ ਪਾਈ॥	ਨਾਮ ਦੀ (ਭੇਟੈ) ਭੇਟਾ	Bhaettai Sio Jaavahu Sach Samaavahu Thaan Path Laekhai Paaee ||	Go there with your offering, and you shall merge in the True Lord; your honor shall be confirmed.	ਜੇ ਪ੍ਰਭੂ ਦੇ ਨਾਮ ਦੀ ਭੇਟਾ ਲੈ ਕੇ ਜਾਵੋਗੇ ਤਾਂ ਉਸ ਸਦਾ-ਥਿਰ ਪ੍ਰਭੂ ਵਿਚ ਇਕ-ਰੂਪ ਹੋ ਜਾਵੋਗੇ, ਕੀਤੇ ਕਰਮਾਂ ਦਾ ਹਿਸਾਬ ਹੋਣ ਵੇਲੇ ਇੱਜ਼ਤ ਮਿਲੇਗੀ।
25475	579	ਮਹਲੀ ਜਾਇ ਪਾਵਹੁ ਖਸਮੈ ਭਾਵਹੁ ਰੰਗ ਸਿਉ ਰਲੀਆ ਮਾਣੈ॥		Mehalee Jaae Paavahu Khasamai Bhaavahu Rang Sio Raleeaa Maanai ||	You shall obtain a place in the Mansion of the Lord Master's Presence; being pleasing to Him, you shall enjoy the pleasures of His Love.	ਪ੍ਰਭੂ ਦੀ ਹਜ਼ੂਰੀ ਵਿਚ ਥਾਂ ਪ੍ਰਾਪਤ ਕਰੋਗੇ, ਤੇ ਖਸਮ-ਪ੍ਰਭੂ ਨੂੰ ਚੰਗੇ ਲੱਗੋਗੇ ਤੇ ਇੰਜ ਪ੍ਰਭੂ-ਪ੍ਰੇਮ ਨਾਲ ਆਤਮਕ ਆਨੰਦ ਮਾਣੋਗੇ।
25476	579	ਮਰਣੁ ਨ ਮੰਦਾ ਲੋਕਾ ਆਖੀਐ ਜੇ ਕੋਈ ਮਰਿ ਜਾਣੈ॥੨॥		Maran N Mandhaa Lokaa Aakheeai Jae Koee Mar Jaanai ||2||	Death would not be called bad, O people, if one knew how to truly die. ||2||	ਹੇ ਲੋਕੋ! ਮੌਤ ਨੂੰ ਮਾੜਾ ਨਾਹ ਆਖੋ (ਪਰ ਇਸ ਗੱਲ ਨੂੰ ਉਹੀ ਸਮਝਦਾ ਹੈ) ਜੇਹੜਾ ਇਸ ਤਰ੍ਹਾਂ ਮਰਨਾ ਜਾਣਦਾ ਹੋਵੇ ॥੨॥

25477	579	ਮਰਣੁ ਮੁਣਸਾ ਸੂਰਿਆ ਹਕੁ ਹੈ ਜੋ ਹੋਇ ਮਰਨਿ ਪਰਵਾਣੋ॥	(ਸੂਰਿਆ) ਸੂਰਮੇ (ਮੁਣਸਾ) ਮਨੁੱਖਾਂ ਦਾ (ਹਕੁ) ਸੱਚ, ਸਫਲ ਹੈ ਜੋ ਪ੍ਰਭੂ ਦੀ ਦਰਗਹ ਚ (ਪਰਵਾਣੋ) ਪਰਵਾਣ ਹਨ	Maran Munasaa Sooriaa Hak Hai Jo Hoe Maran Paravaano ||	The death of brave heroes is blessed, if it is approved by God.	ਜੇਹੜੇ ਮਨੁੱਖ (ਜੀਉਂਦਿਆਂ ਹੀ ਪ੍ਰਭੂ ਦੀਆਂ ਨਜ਼ਰਾਂ ਵਿਚ) ਕਬੂਲ ਹੋ ਕੇ ਮਰਦੇ ਹਨ ਉਹ ਸੂਰਮੇ ਹਨ ਉਹਨਾਂ ਦਾ ਮਰਨਾ ਭੀ (ਲੋਕ ਪਰਲੋਕ ਵਿਚ) ਸਲਾਹਿਆ ਜਾਂਦਾ ਹੈ।
25478	580	ਸੂਰੇ ਸੇਈ ਆਗੈ ਆਖੀਅਹਿ ਦਰਗਹ ਪਾਵਹਿ ਸਾਚੀ ਮਾਣੋ॥	ਆਖੀ-ਅਹਿ	Soorae Saeee Aagai Aakheeahi Dharageh Paavehi Saachee Maano ||	They alone are acclaimed as brave warriors in the world hereafter, who receive true honor in the Court of the Lord.	ਪ੍ਰਭੂ ਦੀ ਹਜ਼ੂਰੀ ਵਿਚ ਉਹੀ ਬੰਦੇ ਸੂਰਮੇ ਆਖੇ ਜਾਂਦੇ ਹਨ, ਉਹ ਬੰਦੇ ਸਦਾ-ਥਿਰ ਪ੍ਰਭੂ ਦੀ ਦਰਗਾਹ ਵਿਚ ਆਦਰ ਪਾਂਦੇ ਹਨ।
25479	580	ਦਰਗਹ ਮਾਣੁ ਪਾਵਹਿ ਪਤਿ ਸਿਉ ਜਾਵਹਿ ਆਗੈ ਦੂਖੁ ਨ ਲਾਗੈ॥		Dharageh Maan Paavehi Path Sio Jaavehi Aagai Dhookh N Laagai ||	They are honored in the Court of the Lord; they depart with honor, and they do not suffer pain in the world hereafter.	ਉਹ ਦਰਗਾਹ ਵਿਚ ਇੱਜ਼ਤ ਪਾਂਦੇ ਹਨ, ਇੱਜ਼ਤ ਨਾਲ (ਇਥੋਂ) ਜਾਂਦੇ ਹਨ ਤੇ ਅਗਾਂਹ ਪਰਲੋਕ ਵਿਚ ਉਹਨਾਂ ਨੂੰ ਕੋਈ ਦੁੱਖ ਨਹੀਂ ਵਿਆਪਦਾ।
25480	580	ਕਰਿ ਏਕੁ ਧਿਆਵਹਿ ਤਾਂ ਫਲੁ ਪਾਵਹਿ ਜਿਤੁ ਸੇਵਿਐ ਭਉ ਭਾਗੈ॥		Kar Eaek Dhhiaavehi Thaan Fal Paavehi Jith Saeviai Bho Bhaagai ||	They meditate on the One Lord, and obtain the fruits of their rewards. Serving the Lord, their fear is dispelled.	ਉਹ ਬੰਦੇ ਪਰਮਾਤਮਾ ਨੂੰ (ਹਰ ਥਾਂ) ਵਿਆਪਕ ਜਾਣ ਕੇ ਸਿਮਰਦੇ ਹਨ, ਉਸ ਪ੍ਰਭੂ ਦੇ ਦਰ ਤੋਂ ਫਲ ਪ੍ਰਾਪਤ ਕਰਦੇ ਹਨ ਜਿਸ ਦਾ ਸਿਮਰਨ ਕੀਤਿਆਂ (ਹਰੇਕ ਕਿਸਮ ਦਾ) ਡਰ ਦੂਰ ਹੋ ਜਾਂਦਾ ਹੈ।

25481	580	ਊਚਾ ਨਹੀ ਕਹਣਾ ਮਨ ਮਹਿ ਰਹਣਾ ਆਪੇ ਜਾਣੈ ਜਾਣੋ॥	(ਊਚਾ) ਹੰਕਾਰ ਨਾਲ	Oochaa Nehee Kehanaa Man Mehi Rehanaa Aapae Jaanai Jaano ||	Do not indulge in egotism, and dwell within your own mind; the Knower Himself knows everything.	ਅਹੰਕਾਰ ਦਾ ਬੋਲ ਨਹੀਂ ਬੋਲਣਾ ਚਾਹੀਦਾ, ਆਪਣੇ ਆਪ ਨੂੰ ਕਾਬੂ ਵਿਚ ਰੱਖਣਾ ਚਾਹੀਦਾ ਹੈ, ਉਹ ਅੰਤਰਜਾਮੀ ਪ੍ਰਭੂ ਹਰੇਕ ਦੇ ਦਿਲ ਦੀ ਆਪ ਹੀ ਜਾਣਦਾ ਹੈ।
25482	580	ਮਰਣੁ ਮੁਣਸਾਂ ਸੂਰਿਆ ਹਕੁ ਹੈ ਜੋ ਹੋਇ ਮਰਹਿ ਪਰਵਾਣੋ॥੩॥		Maran Munasaan Sooriaa Hak Hai Jo Hoe Marehi Paravaano ||3||	The death of brave heroes is blessed, if it is approved by God. ||3||	ਜੇਹੜੇ ਮਨੁੱਖ (ਜੀਉਂਦਿਆਂ ਹੀ ਪ੍ਰਭੂ ਦੀਆਂ ਨਜ਼ਰਾਂ ਵਿਚ) ਕਬੂਲ ਹੋ ਕੇ ਮਰਦੇ ਹਨ ਉਹ ਸੂਰਮੇ ਹਨ, ਉਹਨਾਂ ਦਾ ਮਰਨਾ (ਲੋਕ ਪਰਲੋਕ ਵਿਚ) ਸਲਾਹਿਆ ਜਾਂਦਾ ਹੈ ॥੩॥
25483	580	ਨਾਨਕ ਕਿਸ ਨੋ ਬਾਬਾ ਰੋਈਐ ਬਾਜੀ ਹੈ ਇਹੁ ਸੰਸਾਰੋ॥	(ਬਾਜੀ) ਤਮਾਸ਼ਾ	Naanak Kis No Baabaa Roeeai Baajee Hai Eihu Sansaaro ||	Nanak: for whom should we mourn, O Baba? This world is merely a play.	ਹੇ ਨਾਨਕ! ਇਹ ਜਗਤ ਇਕ ਖੇਡ ਹੈ (ਖੇਡ ਬਣਦੀ ਢਹਿੰਦੀ ਹੀ ਰਹਿੰਦੀ ਹੈ) ਕਿਸੇ ਦੇ ਮਰਨ ਤੇ ਰੋਣਾ ਵਿਅਰਥ ਹੈ।
25484	580	ਕੀਤਾ ਵੇਖੈ ਸਾਹਿਬੁ ਆਪਣਾ ਕੁਦਰਤਿ ਕਰੇ ਬੀਚਾਰੋ॥		Keethaa Vaekhai Saahib Aapanaa Kudharath Karae Beechaaro ||	The Lord Master beholds His work, and contemplates His creative potency.	ਮਾਲਕ-ਪ੍ਰਭੂ ਆਪਣੇ ਪੈਦਾ ਕੀਤੇ ਜਗਤ ਦੀ ਆਪ ਸੰਭਾਲ ਕਰਦਾ ਹੈ, ਆਪਣੀ ਰਚੀ ਰਚਨਾ ਦਾ ਆਪ ਧਿਆਨ ਰੱਖਦਾ ਹੈ।

25485	580	ਕੁਦਰਤਿ ਬੀਚਾਰੇ ਧਾਰਣ ਧਾਰੇ ਜਿਨਿ ਕੀਆ ਸੋ ਜਾਣੈ॥		Kudharath Beechaarae Dhhaaran Dhhaarae Jin Keeaa So Jaanai ||	He contemplates His creative potency, having established the Universe. He who created it, He alone knows.	ਪ੍ਰਭੂ ਆਪਣੀ ਰਚੀ ਰਚਨਾ ਦਾ ਖ਼ਿਆਲ ਰੱਖਦਾ ਹੈ, ਇਸ ਨੂੰ ਆਸਰਾ-ਸਹਾਰਾ ਦੇਂਦਾ ਹੈ, ਜਿਸ ਨੇ ਜਗਤ ਰਚਿਆ ਹੈ ਉਹੀ ਇਸ ਦੀਆਂ ਲੋੜਾਂ ਭੀ ਜਾਣਦਾ ਹੈ।
25486	580	ਆਪੇ ਵੇਖੈ ਆਪੇ ਬੂਝੈ ਆਪੇ ਹੁਕਮੁ ਪਛਾਣੈ॥		Aapae Vaekhai Aapae Boojhai Aapae Hukam Pashhaanai ||	He Himself beholds it, and He Himself understands it. He Himself realizes the Hukam of His Command.	ਪ੍ਰਭੂ ਆਪ ਹੀ ਸਭ ਦੇ ਕੀਤੇ ਕਰਮਾਂ ਨੂੰ ਵੇਖਦਾ ਹੈ, ਆਪ ਹੀ ਸਭ ਦੇ ਦਿਲਾਂ ਦੀ ਸਮਝਦਾ ਹੈ, ਆਪ ਹੀ ਆਪਣੇ ਹੁਕਮ ਨੂੰ ਪਛਾਣਦਾ ਹੈ (ਕਿ ਕਿਵੇਂ ਇਹ ਹੁਕਮ ਜਗਤ ਵਿਚ ਵਰਤਿਆ ਜਾਣਾ ਹੈ)।
25487	580	ਜਿਨਿ ਕਿਛੁ ਕੀਆ ਸੋਈ ਜਾਣੈ ਤਾ ਕਾ ਰੂਪੁ ਅਪਾਰੋ॥		Jin Kishh Keeaa Soee Jaanai Thaa Kaa Roop Apaaro ||	He who created these things, He alone knows. His subtle form is infinite.	ਜਿਸ ਪ੍ਰਭੂ ਨੇ ਇਹ ਜਗਤ-ਰਚਨਾ ਕੀਤੀ ਹੋਈ ਹੈ ਉਹੀ ਇਸ ਦੀਆਂ ਲੋੜਾਂ ਜਾਣਦਾ ਹੈ। ਉਸ ਪ੍ਰਭੂ ਦਾ ਸਰੂਪ ਬੇਅੰਤ ਹੈ।
25488	580	ਨਾਨਕ ਕਿਸ ਨੋ ਬਾਬਾ ਰੋਈਐ ਬਾਜੀ ਹੈ ਇਹੁ ਸੰਸਾਰੋ॥੪॥੨॥		Naanak Kis No Baabaa Roeeai Baajee Hai Eihu Sansaaro ||4||2||	Nanak: for whom should we mourn, O Baba? This world is merely a play. ||4||2||	ਹੇ ਨਾਨਕ! ਇਹ ਜਗਤ ਇਕ ਖੇਡ ਹੈ (ਇਥੇ ਜੋ ਘੜਿਆ ਹੈ ਉਸ ਨੇ ਭੱਜਣਾ ਹੈ) ਕਿਸੇ ਦੇ ਮਰਨ ਤੇ ਰੋਣਾ ਵਿਅਰਥ ਹੈ ॥੪॥੨॥
25489	580	ਵਡਹੰਸੁ ਮਹਲਾ ੧ ਦਖਣੀ॥	ਪਰਵਦ-ਗਾਰੋ	Vaddehans Mehalaa 1 Dhakhanee ||	Wadahans, First Mehl, Dakhanee:	

25490	580	ਸਚੁ ਸਿਰੰਦਾ ਸਚਾ ਜਾਣੀਐ ਸਚੜਾ ਪਰਵਦਗਾਰੋ॥		Sach Sirandhaa Sachaa Jaaneeai Sacharraa Paravadhagaaro ||	The True Creator Lord is True - know this well; He is the True Sustainer.	ਨਿਸ਼ਚਾ ਕਰੋ ਕਿ ਜਗਤ ਨੂੰ ਪੈਦਾ ਕਰਨ ਵਾਲਾ ਪਰਮਾਤਮਾ ਹੀ ਸਦਾ-ਥਿਰ ਰਹਿਣ ਵਾਲਾ ਹੈ, ਉਹ ਸਦਾ-ਥਿਰ ਪ੍ਰਭੂ (ਜੀਵਾਂ ਦੀ) ਪਾਲਣਾ ਕਰਨ ਵਾਲਾ ਹੈ,
25491	580	ਜਿਨਿ ਆਪੀਨੈ ਆਪੁ ਸਾਜਿਆ ਸਚੜਾ ਅਲਖ ਅਪਾਰੋ॥	ਆਪੀ-ਨੈ। ਅ-ਲਖ ਪੋਲਾ	Jin Aapeenai Aap Saajiaa Sacharraa Alakh Apaaro ||	He Himself fashioned His Own Self; the True Lord is invisible and infinite.	ਜਿਸ ਸਦਾ-ਥਿਰ ਨੇ ਆਪ ਹੀ ਆਪਣੇ ਆਪ ਨੂੰ (ਜਗਤ ਦੇ ਰੂਪ ਵਿਚ) ਪਰਗਟ ਕੀਤਾ ਹੋਇਆ ਹੈ, ਉਹ ਅਦ੍ਰਿਸ਼ਟ ਹੈ ਤੇ ਬੇਅੰਤ ਹੈ।
25492	580	ਦੁਇ ਪੁੜ ਜੋੜਿ ਵਿਛੋੜਿਅਨੁ ਗੁਰ ਬਿਨੁ ਘੋਰੁ ਅੰਧਾਰੋ॥		Dhue Purr Jorr Vishhorrian Gur Bin Ghor Andhhaaro ||	He brought together, and then separated, the two grinding stones of the earth and the sky; without the Guru, there is only pitch darkness.	ਦੋਵੇਂ ਪੁੜ (ਧਰਤੀ ਤੇ ਆਕਾਸ਼) ਜੋੜ ਕੇ (ਭਾਵ, ਜਗਤ-ਰਚਨਾ ਕਰ ਕੇ) ਉਸ ਪ੍ਰਭੂ ਨੇ ਜੀਵਾਂ ਨੂੰ ਮਾਇਆ ਦੇ ਮੋਹ ਵਿਚ ਫਸਾ ਕੇ ਆਪਣੇ ਨਾਲੋਂ ਵਿਛੋੜ ਦਿੱਤਾ ਹੈ। ਗੁਰੂ ਤੋਂ ਬਿਨਾ (ਜਗਤ ਵਿਚ ਮਾਇਆ ਦੇ ਮੋਹ ਦਾ) ਘੁੱਪ ਹਨੇਰਾ ਹੈ।
25493	580	ਸੂਰਜੁ ਚੰਦੁ ਸਿਰਜਿਅਨੁ ਅਹਿ ਨਿਸਿ ਚਲਤੁ ਵੀਚਾਰੋ॥੧॥		Sooraj Chandh Sirajian Ahinis Chalath Veechaaro ||1||	He created the sun and the moon; night and day, they move according to His Thought. ||1||	ਉਸ ਪਰਮਾਤਮਾ ਨੇ ਹੀ ਸੂਰਜ ਤੇ ਚੰਦ੍ਰਮਾ ਬਣਾ ਕੇ ਇਹ ਦਿਨ ਤੇ ਰਾਤ ਦਾ ਜਗਤ-ਤਮਾਸ਼ਾ ਬਣਾਇਆ ਹੈ ॥੧॥

25494	580	ਸਚੜਾ ਸਾਹਿਬੁ ਸਚੁ ਤੂ ਸਚੜਾ ਦੇਹਿ ਪਿਆਰੋ॥ਰਹਾਉ॥		Sacharraa Saahib Sach Thoo Sacharraa Dhaehi Piaaro || Rehaao ||	O True Lord and Master, You are True. O True Lord, bless me with Your Love. ||Pause||	(ਹੇ ਪ੍ਰਭੂ!) ਤੂੰ ਸਦਾ ਹੀ ਥਿਰ ਰਹਿਣ ਵਾਲਾ ਮਾਲਕ ਹੈਂ। ਤੂੰ ਆਪ ਹੀ ਸਭ ਜੀਵਾਂ ਨੂੰ ਸਦਾ-ਥਿਰ ਰਹਿਣ ਵਾਲੇ ਪਿਆਰ ਦੀ ਦਾਤ ਦੇਂਦਾ ਹੈਂ। ਰਹਾਉ॥
25495	580	ਤੁਧੁ ਸਿਰਜੀ ਮੇਦਨੀ ਦੁਖੁ ਸੁਖੁ ਦੇਵਣਹਾਰੋ॥	(ਮੇਦਨੀ) ਧਰਤੀ	Thudhh Sirajee Maedhanee Dhukh Sukh Dhaevanehaaro ||	You created the Universe; You are the Giver of pain and pleasure.	(ਹੇ ਪ੍ਰਭੂ!) ਤੂੰ ਹੀ ਸ੍ਰਿਸ਼ਟੀ ਪੈਦਾ ਕੀਤੀ ਹੈ, (ਜੀਵਾਂ ਨੂੰ) ਦੁੱਖ ਤੇ ਸੁਖ ਦੇਣ ਵਾਲਾ ਭੀ ਤੂੰ ਹੀ ਹੈਂ।
25496	580	ਨਾਰੀ ਪੁਰਖ ਸਿਰਜਿਐ ਬਿਖੁ ਮਾਇਆ ਮੋਹੁ ਪਿਆਰੋ॥		Naaree Purakh Sirajiai Bikh Maaeiaa Mohu Piaaro ||	You created woman and man, the love of poison, and emotional attachment to Maya.	ਇਸਤ੍ਰੀਆਂ ਤੇ ਮਰਦ ਭੀ ਤੂੰ ਪੈਦਾ ਕੀਤੇ ਹਨ, ਮਾਇਆ ਜ਼ਹਿਰ ਦਾ ਮੋਹ ਤੇ ਪਿਆਰ ਭੀ ਤੂੰ ਹੀ ਬਣਾਇਆ ਹੈ।
25497	580	ਖਾਣੀ ਬਾਣੀ ਤੇਰੀਆ ਦੇਹਿ ਜੀਆ ਆਧਾਰੋ॥	(ਖਾਣੀ) ਜੀਵ ਉਤਪਤੀ ਦੇ ਚਾਰ ਸਾਧਨ ਅੰਡਜ ਜੇਰਜ ਸੇਤਜ ਉਤਭੁਜ	Khaanee Baanee Thaereeaa Dhaehi Jeeaa Aadhhaaro ||	The four sources of creation, and the power of the Word, are also of Your making. You give Support to all beings.	ਜੀਵ-ਉਤਪੱਤੀ ਦੀਆਂ ਚਾਰ ਖਾਣੀਆਂ ਤੇ ਜੀਵਾਂ ਦੀਆਂ ਬੋਲੀਆਂ ਭੀ ਤੇਰੀਆਂ ਹੀ ਰਚੀਆਂ ਹੋਈਆਂ ਹਨ।

25498	580	ਕੁਦਰਤਿ ਤਖਤੁ ਰਚਾਇਆ ਸਚਿ ਨਿਬੇੜਣਹਾਰੋ॥੨॥		Kudharath Thakhath Rachaaeiaa Sach Nibaerranehaaro ||2||	You have made the Creation as Your Throne; You are the True Judge. ||2||	(ਹੇ ਪ੍ਰਭੂ!) ਸਭ ਜੀਵਾਂ ਨੂੰ ਤੂੰ ਹੀ ਆਸਰਾ ਦੇਂਦਾ ਹੈਂ। ਇਹ ਸਾਰੀ ਰਚਨਾ (-ਰੂਪ) ਤਖ਼ਤ ਤੂੰ ਹੀ (ਆਪਣੇ ਬੈਠਣ ਵਾਸਤੇ) ਬਣਾਇਆ ਹੈ, ਤੂੰ ਆਪ ਹੀ ਕਰਮਾਂ ਦੇ ਲੇਖ ਭੀ ਮੁਕਾਣ ਵਾਲਾ ਹੈਂ ॥੨॥
25499	580	ਆਵਾ ਗਵਣੁ ਸਿਰਜਿਆ ਤੂ ਥਿਰੁ ਕਰਣੈਹਾਰੋ॥		Aavaa Gavan Sirajiaa Thoo Thhir Karanaihaaro ||	You created comings and goings, but You are ever-stable, O Creator Lord.	ਹੇ ਕਰਣਹਾਰ ਕਰਤਾਰ! (ਜੀਵਾਂ ਵਾਸਤੇ) ਜਨਮ ਮਰਨ ਦਾ ਗੇੜ ਤੂੰ ਹੀ ਪੈਦਾ ਕੀਤਾ ਹੈ, ਪਰ ਤੂੰ ਆਪ ਸਦਾ ਕਾਇਮ ਰਹਿਣ ਵਾਲਾ ਹੈਂ।
25500	580	ਜੰਮਣੁ ਮਰਣਾ ਆਇ ਗਇਆ ਬਧਿਕੁ ਜੀਉ ਬਿਕਾਰੋ॥	(ਬਧਿਕੁ)ਹਿੰਸਕ ਜੀਵ	Janman Maranaa Aae Gaeiaa Badhhik Jeeo Bikaaro ||	In birth and death, in coming and going, this soul is held in bondage by corruption.	(ਮਾਇਆ ਦੇ ਮੋਹ ਦੇ ਕਾਰਨ) ਵਿਕਾਰਾਂ ਵਿਚ ਬੱਝਾ ਹੋਇਆ ਜੀਵ ਨਿੱਤ ਜੰਮਦਾ ਹੈ ਤੇ ਮਰਦਾ ਹੈ, ਇਸ ਨੂੰ ਜਨਮ ਮਰਨ ਦਾ ਚੱਕਰ ਪਿਆ ਹੀ ਰਹਿੰਦਾ ਹੈ।
25501	580	ਭੂਡੜੈ ਨਾਮੁ ਵਿਸਾਰਿਆ ਬੂਡੜੈ ਕਿਆ ਤਿਸੁ ਚਾਰੋ॥	(ਭੂਡੜੈ) ਭੈੜੇ ਨੇ। (ਬੂਡੜੈ) ਡੁੱਬਣ ਜੋਗੇ। (ਚਾਰੋ) ਉਪਾਅ। (ਚਾਰੋ) ਜ਼ੋਰ	Bhooddarrai Naam Visaariaa Booddarrai Kiaa This Chaaro ||	The evil person has forgotten the Naam; he has drowned - what can he do now?	(ਮਾਇਆ ਦੇ ਮੋਹ ਵਿਚ ਫਸੇ) ਭੈੜੇ ਜੀਵ ਨੇ (ਤੇਰਾ) ਨਾਮ ਭੁਲਾ ਦਿੱਤਾ ਹੈ, ਮੋਹ ਵਿਚ ਡੁੱਬੇ ਹੋਏ ਦੀ ਕੋਈ ਪੇਸ਼ ਨਹੀਂ ਜਾਂਦੀ।

25502	580	ਗੁਣ ਛੋਡਿ ਬਿਖੁ ਲਦਿਆ ਅਵਗੁਣ ਕਾ ਵਣਜਾਰੋ॥੩॥		Gun Shhodd Bikh Ladhiaa Avagun Kaa Vanajaaro ||3||	Forsaking merit, he has loaded the poisonous cargo of demerits; he is a trader of sins. ||3||	ਗੁਣਾਂ ਨੂੰ ਛੱਡ ਕੇ (ਵਿਕਾਰਾਂ ਦਾ) ਜ਼ਹਿਰ ਇਸ ਜੀਵ ਨੇ ਇਕੱਠਾ ਕਰ ਲਿਆ ਹੈ (ਜਗਤ ਵਿਚ ਆ ਕੇ ਸਾਰੀ ਉਮਰ) ਔਗੁਣਾਂ ਦਾ ਹੀ ਵਣਜ ਕਰਦਾ ਰਹਿੰਦਾ ਹੈ ॥੩॥
25503	580	ਸਦੜੇ ਆਏ ਤਿਨਾ ਜਾਨੀਆ ਹੁਕਮਿ ਸਚੇ ਕਰਤਾਰੋ॥		Sadharrae Aaeae Thinaa Jaaneeaa Hukam Sachae Karathaaro ||	The beloved soul has received the Call, the Command of the True Creator Lord.	ਜਦੋਂ ਸਦਾ-ਥਿਰ ਰਹਿਣ ਵਾਲੇ ਕਰਤਾਰ ਦੇ ਹੁਕਮ ਵਿਚ ਰੂਹ ਨੂੰ ਇਥੋਂ ਜਾਣ ਦੇ ਸੱਦੇ ਆਉਂਦੇ ਹਨ,
25504	580	ਨਾਰੀ ਪੁਰਖ ਵਿਛੁੰਨਿਆ ਵਿਛੁੜਿਆ ਮੇਲਣਹਾਰੋ॥		Naaree Purakh Vishhunniaa Vishhurriaa Maelanehaaro ||	The soul, the husband, has become separated from the body, the bride. The Lord is the Re-uniter of the separated ones.	ਤਾਂ (ਮਰਨ ਵੇਲੇ) ਇਸਤ੍ਰੀ ਮਰਦਾਂ ਦੇ ਵਿਛੋੜੇ ਹੋ ਜਾਂਦੇ ਹਨ ਤੇ ਵਿਛੁੜਿਆਂ ਨੂੰ ਤਾਂ ਪਰਮਾਤਮਾ ਆਪ ਹੀ ਮੇਲਣ ਦੇ ਸਮਰਥ ਹੈ।
25505	580	ਰੂਪੁ ਨ ਜਾਣੈ ਸੋਹਣੀਐ ਹੁਕਮਿ ਬਧੀ ਸਿਰਿ ਕਾਰੋ॥		Roop N Jaanai Sohaneeai Hukam Badhhee Sir Kaaro ||	No one cares for your beauty, O beautiful bride.; the Messenger of Death is bound only by the Lord Commander's Command.	ਜਮ ਕਿਸੇ ਸੁੰਦਰੀ ਦੇ ਰੂਪ ਦੀ ਪਰਵਾਹ ਨਹੀਂ ਕਰ ਸਕਦਾ (ਮੌਤ ਤੋਂ ਖਿਮਾ ਨਹੀਂ ਦੇਦਾ) ਕਿਉਂ ਕਿ ਉਹ ਵੀ ਪਰਮਾਤਮਾ ਦੇ ਹੁਕਮ ਵਿਚ ਬਧਾ ਹੋਇਆ ਹੈ।

25506	580	ਬਾਲਕ ਬਿਰਧਿ ਨ ਜਾਣਨੀ ਤੋੜਨਿ ਹੇਤੁ ਪਿਆਰੋ॥੪॥		Baalak Biradhh N Jaananee Thorran Haeth Piaaro ||4||	He does not distinguish between young children and old people; he tears apart love and affection. ||4||	ਜਮ ਬੱਚਿਆਂ ਤੇ ਬੁੱਢਿਆਂ ਦੀ ਭੀ ਪਰਵਾਹ ਨਹੀਂ ਕਰਦੇ, ਇੰਜ ਸਭ ਦਾ (ਆਪੋ ਵਿਚ ਦਾ) ਮੋਹ ਪਿਆਰ ਟੱਟ ਜਾਂਦਾ ਹੈ ॥੪॥
25507	580	ਨਉ ਦਰ ਠਾਕੇ ਹੁਕਮਿ ਸਚੈ ਹੰਸੁ ਗਇਆ ਗੈਣਾਰੇ॥	(ਠਾਕੇ) ਬੰਦ ਕੀਤੇ। (ਗੈਣਾਰੇ) ਅਕਾਸ਼ ਚ	No Dhar Thaakae Hukam Sachai Hans Gaeiaa Gainaarae ||	The nine doors are closed by the True Lord's Command, and the swan-soul takes flight into the skies.	ਜਦੋਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਹੁਕਮ ਵਿਚ ਰੂਹ ਦੇ ਜਾਣ ਦਾ ਸਦਾ ਆਉਂਦਾ ਹੈ ਤਾਂ (ਸਰੀਰ ਦੇ) ਨੌ ਦਰਵਾਜ਼ੇ ਬੰਦ ਹੋ ਜਾਂਦੇ ਹਨ ਤੇ ਜੀਵਾਤਮਾ (ਕਿਤੇ) ਆਕਾਸ਼ ਵਿਚ ਚਲੀ ਜਾਂਦੀ ਹੈ।
25508	580	ਸਾ ਧਨ ਛੁਟੀ ਮੁਠੀ ਝੂਠਿ ਵਿਧਣੀਆ ਮਿਰਤਕੜਾ ਅੰਙਨੜੇ ਬਾਰੇ॥	(ਛੁੱਟੀ)ਛੁੱਟੜ ਹੋਈ। (ਮੁੱਠੀ) ਲੁੱਟੀ। (ਵਿੱਧਣੀਆ) ਦੁਖੀ। (ਮਿਰਤਕ-ੜਾ)ਮੁਰਦਾ। (ਅੰਙਨੜੇ) ਵੇਹੜੇ। (ਬਾਰੇ)ਆਖ਼ਿਰ ਸਮੇਂ	Saa Dhhan Shhuttee Muthee Jhooth Vidhhaneeaa Mirathakarraa Ann(g)anarrae Baarae ||	The body-bride is separated, and defrauded by falsehood; she is now a widow - her husband's body lies dead in the courtyard.	(ਜਦ ਪਤੀ ਦੀ ਜੀਵਾਤਮਾ ਚਲੀ ਜਾਂਦੀ ਹੈ ਤਾਂ) ਨਿਖਸਮੀ ਇਸਤ੍ਰੀ ਇਕੱਲੀ ਰਹਿ ਜਾਂਦੀ ਹੈ, ਉਹ ਮਾਇਆ ਦੇ ਮੋਹ ਵਿਚ ਲੁੱਟ ਕੇ ਵਿਧਵਾ ਹੋ ਗਈ ਹੈ ਤੇ ਲੋਥ ਘਰ ਦੇ ਵੇਹੜੇ ਵਿਚ ਪਈ ਹੁੰਦੀ ਹੈ।
25509	580	ਸੁਰਤਿ ਮੁਈ ਮਰੁ ਮਾਈਏ ਮਹਲ ਰੁੰਨੀ ਦਰ ਬਾਰੇ॥	(ਮਹਲ) ਇਸਤ੍ਰੀ	Surath Muee Mar Maaeeeae Mehal Runnee Dhar Baarae ||	The widow cries out at the door, ""The light of my mind has gone out, O my mother, with his death.""	(ਜਿਸ ਨੂੰ ਵੇਖ ਵੇਖ ਕੇ) ਉਹ ਇਸਤ੍ਰੀ ਦਲੀਜਾਂ ਵਿਚ ਬੈਠੀ ਰੋਂਦੀ ਹੈ (ਤੇ ਆਖਦੀ ਹੈ-) ਹੇ ਮਾਏ! ਇਸ ਮੌਤ (ਨੂੰ ਵੇਖ ਕੇ) ਮੇਰੀ ਅਕਲ ਟਿਕਾਣੇ ਨਹੀਂ ਰਹਿ ਗਈ।

25510	580	ਰੋਵਹੁ ਕੰਤ ਮਹੇਲੀਹੋ ਸਚੇ ਕੇ ਗੁਣ ਸਾਰੇ॥੫॥	(ਸਾਰੇ) ਚੇਤੇ ਕਰਕੇ	Rovahu Kanth Mehaeleeho Sachae Kae Gun Saarae ||5||	So cry out, O soul-brides of the Husband Lord, and dwell on the Glorious Praises of the True Lord. ||5||	ਹੇ ਪ੍ਰਭੂ-ਕੰਤ ਦੀ ਜੀਵ-ਇਸਤ੍ਰੀਓ! ਤੁਸੀਂ ਸਚੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰੋ (ਤੇ ਇੰਜ ਜੀਵਨ ਸਫਲ ਕਰੋ)! ॥੫॥
25511	580	ਜਲਿ ਮਲਿ ਜਾਨੀ ਨਾਵਾਲਿਆ ਕਪੜਿ ਪਟਿ ਅੰਬਾਰੇ॥	(ਪਟਿ) ਰੇਸ਼ਮ	Jal Mal Jaanee Naavaaliaa Kaparr Patt Anbaarae ||	Her loved one is cleansed, bathed in water, and dressed in silken robes.	ਸਾਕ-ਸੰਬੰਧੀ (ਮਰੇ ਪ੍ਰਾਣੀ ਦੀ ਲੋਥ ਨੂੰ) ਪਾਣੀ ਨਾਲ ਮਲ ਕੇ ਇਸ਼ਨਾਨ ਕਰਾਂਦੇ ਹਨ, ਤੇ ਰੇਸ਼ਮ (ਆਦਿਕ) ਕੱਪੜੇ ਨਾਲ (ਲਪੇਟਦੇ ਹਨ)।
25512	580	ਵਾਜੇ ਵਜੇ ਸਚੀ ਬਾਣੀਆ ਪੰਚ ਮੁਏ ਮਨੁ ਮਾਰੇ॥		Vaajae Vajae Sachee Baaneeaa Panch Mueae Man Maarae ||	The musicians play, and the Bani of the True Lord's Words are sung; the five relatives feel as if they too are dead, so deadened are their minds.	(ਉਸ ਨੂੰ ਮਸਾਣਾਂ ਵਿਚ ਲੈ ਜਾਣ ਵਾਸਤੇ) "ਰਾਮ ਨਾਮ ਸਤਿ ਹੈ" ਦੇ ਬੋਲ ਸ਼ੁਰੂ ਹੋ ਜਾਂਦੇ ਹਨ ਤੇ ਨਿਕਟ ਦੇ ਸੰਬੰਧੀ ਗ਼ਮ ਨਾਲ ਮੁਇਆਂ ਵਰਗੇ ਹੋ ਜਾਂਦੇ ਹਨ।
25513	580	ਜਾਨੀ ਵਿਛੁੰਨੜੇ ਮੇਰਾ ਮਰਣੁ ਭਇਆ ਧ੍ਰਿਗੁ ਜੀਵਣੁ ਸੰਸਾਰੇ॥		Jaanee Vishhunnarae Maeraa Maran Bhaeiaa Dhhrig Jeevan Sansaarae ||	"Separation from my beloved is like death to me!" cries the widow. "My life in this world is cursed and worthless!"	(ਉਸ ਦੀ ਇਸਤ੍ਰੀ ਰੋਂਦੀ ਹੈ ਤੇ ਆਖਦੀ ਹੈ-) ਸਾਥੀ ਦੇ ਮਰਨ ਨਾਲ ਮੈਂ ਭੀ ਮੋਇਆ ਵਰਗੀ ਹੋ ਗਈ ਹਾਂ, ਹੁਣ ਸੰਸਾਰ ਵਿਚ ਮੇਰੇ ਜੀਊਣ ਨੂੰ ਫਿਟਕਾਰ ਹੈ।

25514	580	ਜੀਵਤੁ ਮਰੈ ਸੁ ਜਾਣੀਐ ਪਿਰ ਸਚੜੈ ਹੇਤਿ ਪਿਆਰੇ॥੬॥		Jeevath Marai S Jaaneeai Pir Sacharrai Haeth Piaarae ||6||	But she alone is approved, who dies, while yet still alive; she lives for the sake of the Love of her Beloved. ||6||	ਪਰ ਜੇਹੜਾ ਜੀਉਂਦਿਆਂ ਹੋਇਆ ਮਰਦਾ ਹੈ, ਭਾਵ ਮੋਹ ਨੂੰ ਛਡਦਾ ਹੈ, ਉਹ (ਪਰਮਾਤਮਾ ਦੀ ਹਜ਼ੂਰੀ ਵਿਚ) ਆਦਰ ਪਾਂਦਾ ਹੈ ॥੬॥
25515	580	ਤੁਸੀ ਰੋਵਹੁ ਰੋਵਣ ਆਈਹੋ ਝੂਠਿ ਮੁਠੀ ਸੰਸਾਰੇ॥	(ਮੁਠੀ) ਠੱਗੀ	Thusee Rovahu Rovan Aaeeho Jhooth Muthee Sansaarae ||	So cry out in mourning, you who have come to mourn; this world is false and fraudulent.	ਹੇ ਜੀਵ-ਇਸਤ੍ਰੀਓ! ਤੁਸੀਂ ਦੁੱਖੀ ਹੋਣ ਵਾਸਤੇ ਹੀ ਜਗਤ ਵਿਚ ਆਈਆਂ ਹੋ ਕਿਉਂਕਿ ਸੰਸਾਰ ਵਿਚ ਤੁਹਾਨੂੰ ਮਾਇਆ ਦੇ ਮੋਹ ਨੇ ਠੱਗਿਆ ਹੋਇਆ ਹੈ।
25516	581	ਹਉ ਮੁਠੜੀ ਧੰਧੈ ਧਾਵਣੀਆ ਪਿਰਿ ਛੋਡਿਅੜੀ ਵਿਧਣ ਕਾਰੇ॥	(ਮੁੱਠੜੀ) ਠੱਗੀ। (ਵਿੱਧਣ)ਦੁਖੀ। (ਕਾਰੇ) ਕਰਕੇ	Ho Mutharree Dhhandhhai Dhhaavaneeaa Pir Shhoddiarree Vidhhanakaarae ||	I too have been defrauded, chasing after worldly entanglements; my Husband Lord has forsaken me - I practice the evil deeds of a wife without a spouse.	ਜਦ ਤਕ ਮੈਂ ਮਾਇਆ ਦੇ ਆਹਰ ਵਿਚ ਮਾਇਆ ਦੀ ਦੌੜ-ਭੱਜ ਵਿਚ ਠੱਗੀ ਜਾ ਰਹੀ ਹਾਂ, ਤਦ ਤਕ ਨਿਖਸਮੀਆਂ ਵਾਲੀ ਕਾਰ ਦੇ ਕਾਰਨ ਖਸਮ-ਪ੍ਰਭੂ ਨੇ ਮੈਨੂੰ ਛੱਡਿਆ ਹੋਇਆ ਹੈ।
25517	581	ਘਰਿ ਘਰਿ ਕੰਤੁ ਮਹੇਲੀਆ ਰੂੜੈ ਹੇਤਿ ਪਿਆਰੇ॥	(ਰੂੜੈ) ਸੁੰਦਰ	Ghar Ghar Kanth Mehaeleeaa Roorrai Haeth Piaarae ||	In each and every home, are the brides of the Husband Lord; they gaze upon their Handsome Lord with love and affection.	ਖਸਮ-ਪ੍ਰਭੂ ਤਾਂ ਹਰੇਕ ਜੀਵ-ਇਸਤ੍ਰੀ ਦੇ ਹਿਰਦੇ ਵਿਚ ਵੱਸ ਰਿਹਾ ਹੈ, ਤੇ ਉਸ ਸੁੰਦਰ ਹਨ ਜੋ ਪ੍ਰਭੂ ਦੇ ਪਿਆਰ ਵਿਚ ਪ੍ਰੇਮ ਵਿਚ ਮਗਨ ਰਹਿੰਦੀਆਂ ਹਨ।

25518	581	ਮੈ ਪਿਰੁ ਸਚੁ ਸਾਲਾਹਣਾ ਹਉ ਰਹਸਿਅੜੀ ਨਾਮਿ ਭਤਾਰੇ॥੭॥	(ਰਹ–ਸਿਅੜੀ) ਅਨੰਦ ਪ੍ਰਾਪਤ	Mai Pir Sach Saalaahanaa Ho Rehasiarree Naam Bhathaarae ||7||	I sing the Praises of my True Husband Lord, and through the Naam, the Name of my Husband Lord, I blossom forth. ||7||	ਜਿਤਨਾ ਚਿਰ ਮੈਂ ਸਦਾ-ਥਿਰ ਪ੍ਰਭੂ-ਪਤੀ ਦੀ ਸਿਫ਼ਤ-ਸਾਲਾਹ ਕਰਦੀ ਹਾਂ ਓਨਾ ਚਿਰ ਮੇਰਾ ਤਨ ਮਨ ਖਿੜਿਆ ਰਹਿੰਦਾ ਹੈ ॥੭॥
25519	581	ਗੁਰਿ ਮਿਲਿਐ ਵੇਸੁ ਪਲਟਿਆ ਸਾ ਧਨ ਸਚੁ ਸੀਗਾਰੋ॥	(ਵੇਸੁ) ਸੁਭਾਅ	Gur Miliai Vaes Palattiaa Saa Dhhan Sach Seegaaro ||	Meeting with the Guru, the soul-bride's dress is transformed, and she is adorned with Truth.	ਜੇ ਗੁਰੂ ਮਿਲ ਪਏ ਤਾਂ ਜੀਵ-ਇਸਤ੍ਰੀ ਦੀ ਕਾਂਇਆਂ ਹੀ ਪਲਟ ਜਾਂਦੀ ਹੈ, ਜੀਵ-ਇਸਤ੍ਰੀ ਸਦਾ-ਥਿਰ ਪ੍ਰਭੂ ਦੇ ਨਾਮ ਨੂੰ ਆਪਣਾ ਸਿੰਗਾਰ ਬਣਾ ਲੈਂਦੀ ਹੈ।
25520	581	ਆਵਹੁ ਮਿਲਹੁ ਸਹੇਲੀਹੋ ਸਿਮਰਹੁ ਸਿਰਜਣਹਾਰੋ॥		Aavahu Milahu Sehaeleeho Simarahu Sirajanehaaro ||	Come and meet with me, O brides of the Lord; let's meditate in remembrance on the Creator Lord.	ਹੇ ਸਹੇਲੀਹੋ! (ਹੇ ਸਤ-ਸੰਗੀਓ!) ਆਓ, ਰਲ ਕੇ ਬੈਠੀਏ ਤੇ ਰਲ ਕੇ ਸਿਰਜਣਹਾਰ ਦਾ ਸਿਮਰਨ ਕਰੀਏ।
25521	581	ਬਈਅਰਿ ਨਾਮਿ ਸੋਹਾਗਣੀ ਸਚੁ ਸਵਾਰਣਹਾਰੋ॥	(ਬਈਅਰਿ)ਇਸਤ੍ਰੀ। ਸੋਹਾਗਣੀ: ਹੋੜੇ ਔਂਕੜ ਵਿਚਕਾਰ ਦੀ ਅਵਾਜ਼ ਬੋਲੋ	Beear Naam Suohaaganee Sach Savaaranehaaro ||	Through the Naam, the soul-bride becomes the Lord's favorite; she is adorned with Truth.	ਜੇਹੜੀ ਜੀਵ-ਇਸਤ੍ਰੀ ਪ੍ਰਭੂ ਦੇ ਨਾਮ ਵਿਚ ਜੁੜਦੀ ਹੈ ਉਹ ਸੁਹਾਗ-ਭਾਗ ਵਾਲੀ ਹੋ ਜਾਂਦੀ ਹੈ, ਸਦਾ-ਥਿਰ ਪ੍ਰਭੂ ਉਸ ਦੇ ਜੀਵਨ ਨੂੰ ਸੋਹਣਾ ਬਣਾ ਦੇਂਦਾ ਹੈ।
25522	581	ਗਾਵਹੁ ਗੀਤੁ ਨ ਬਿਰਹੜਾ ਨਾਨਕ ਬ੍ਰਹਮ ਬੀਚਾਰੋ॥੮॥੩॥	(ਬਿਰਹੜਾ) ਵਿਛੋੜਾ। (੨. ਗੀਤੁਨ)	Gaavahu Geeth N Bireharraa Naanak Breham Beechaaro ||8||3||	Do not sing the songs of separation, O Nanak; reflect upon God. ||8||3||	ਹੇ ਨਾਨਕ! ਪ੍ਰਭੂ-ਪਤੀ ਦੀ ਸਿਫ਼ਤ-ਸਾਲਾਹ ਦੇ ਗੀਤ ਗਾਵਣ ਨਾਲ ਤੇ ਉਸ ਦੇ ਗੁਣਾਂ ਦਾ ਵਿਚਾਰ ਕਰਨ ਨਾਲ, ਫਿਰ ਕਦੇ ਉਸ ਤੋਂ ਵਿਛੋੜਾ ਨਹੀਂ ਹੋਵੇਗਾ ॥੮॥੩॥

25523	581	ਵਡਹੰਸੁ ਮਹਲਾ ੧॥		Vaddehans Mehalaa 1 ||	Wadahans, First Mehl:	
25524	581	ਜਿਨਿ ਜਗੁ ਸਿਰਜਿ ਸਮਾਇਆ ਸੋ ਸਾਹਿਬੁ ਕੁਦਰਤਿ ਜਾਣੋ ਵਾ॥		Jin Jag Siraj Samaaeiaa So Saahib Kudharath Jaanovaa ||	The One who creates and dissolves the world - that Lord and Master alone knows His creative power.	ਜਿਸ ਪਰਮਾਤਮਾ ਨੇ ਜਗਤ ਪੈਦਾ ਕਰ ਕੇ ਇਸ ਨੂੰ ਆਪਣੇ ਆਪ ਵਿਚ ਲੀਨ ਕਰਨ ਦੀ ਤਾਕਤ ਭੀ ਆਪਣੇ ਪਾਸ ਰੱਖੀ ਹੋਈ ਹੈ ਉਸ ਮਾਲਕ ਨੂੰ ਇਸ ਕੁਦਰਤਿ ਵਿਚ ਵੱਸਦਾ ਸਮਝ।
25525	581	ਸਚੜਾ ਦੂਰਿ ਨ ਭਾਲੀਐ ਘਟਿ ਘਟਿ ਸਬਦੁ ਪਛਾਣੋ ਵਾ॥		Sacharraa Dhoor N Bhaaleeai Ghatt Ghatt Sabadh Pashhaanovaa ||	Do not search for the True Lord far away; recognize the Word of the Shabad in each and every heart.	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ (ਰਚੀ ਕੁਦਰਤਿ ਤੋਂ) ਦੂਰ (ਕਿਸੇ ਹੋਰ ਥਾਂ) ਲੱਭਣ ਦਾ ਜਤਨ ਨਹੀਂ ਕਰਨਾ ਚਾਹੀਦਾ। ਹਰੇਕ ਸਰੀਰ ਵਿਚ ਉਸੇ ਦਾ ਹੁਕਮ ਵਰਤਦਾ ਪਛਾਣ।
25526	581	ਸਚੁ ਸਬਦੁ ਪਛਾਣਹੁ ਦੂਰਿ ਨ ਜਾਣਹੁ ਜਿਨਿ ਏਹ ਰਚਨਾ ਰਾਚੀ॥		Sach Sabadh Pashhaanahu Dhoor N Jaanahu Jin Eaeh Rachanaa Raachee ||	Recognize the Shabad, and do not think that the Lord is far away; He created this creation.	ਜਿਸ ਪਰਮਾਤਮਾ ਨੇ ਇਹ ਰਚਨਾ ਰਚੀ ਹੈ ਉਸ ਨੂੰ ਇਸ ਤੋਂ ਦੂਰ (ਕਿਤੇ ਵੱਖਰਾ) ਨਾਹ ਸਮਝੋ, (ਹਰੇਕ ਸਰੀਰ ਵਿਚ) ਉਸ ਦਾ ਅਟੱਲ ਹੁਕਮ ਵਰਤਦਾ ਪਛਾਣੋ।
25527	581	ਨਾਮੁ ਧਿਆਏ ਤਾ ਸੁਖੁ ਪਾਏ ਬਿਨੁ ਨਾਵੈ ਪਿੜ ਕਾਚੀ॥		Naam Dhhiaaeae Thaa Sukh Paaeae Bin Naavai Pirr Kaachee ||	Meditating on the Naam, the Name of the Lord, one obtains peace; without the Naam, he plays a losing game.	ਜਦੋਂ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ ਤਦੋਂ ਆਤਮਕ ਆਨੰਦ ਮਾਣਦਾ ਹੈ। ਪ੍ਰਭੂ ਦੇ ਨਾਮ ਤੋਂ ਬਿਨਾ ਲੁਕਾਈ ਅਸਮਰਥ ਹੋ ਜਾਂਦੀ ਹੈ।

25528	581	ਜਿਨਿ ਥਾਪੀ ਬਿਧਿ ਜਾਣੈ ਸੋਈ ਕਿਆ ਕੋ ਕਹੈ ਵਖਾਣੋ॥		Jin Thhaapee Bidhh Jaanai Soee Kiaa Ko Kehai Vakhaano ||	The One who established the Universe, He alone knows the Way; what can anyone say?	ਜਿਸ ਪਰਮਾਤਮਾ ਨੇ ਰਚਨਾ ਰਚੀ ਹੈ ਉਹੀ ਇਸ ਦੀ ਰੱਖਿਆ ਦੀ ਵਿਧੀ ਭੀ ਜਾਣਦਾ ਹੈ, ਹੋਰ ਕੋਈ ਜੋ ਮਰਜੀ ਕਹੇ।
25529	581	ਜਿਨਿ ਜਗੁ ਥਾਪਿ ਵਤਾਇਆ ਜਾਲੋ ਸੋ ਸਾਹਿਬੁ ਪਰਵਾਣੋ॥੧॥	(ਥਾਪਿ)ਇਸਥਿੱਤ ਕਰਕੇ। ਕਾਲ ਰੂਪੀ ਜਾਲੋ (ਵਤਾਇਆ) ਪਾਇਆ। ਜਾਲੋ: ਹੋੜੇ ਔਂਕੜ ਦੀ ਵਿਚਕਾਰਲੀ ਅਵਾਜ਼ ਬੋਲਣੀ	Jin Jag Thhaap Vathaaeiaa Jaaluo So Saahib Paravaano ||1||	The One who established the world cast the net of Maya over it; accept Him as your Lord and Master. ||1||	ਜਿਸ ਪ੍ਰਭੂ ਨੇ ਜਗਤ ਪੈਦਾ ਕਰ ਕੇ (ਇਸ ਦੇ ਉਪਰ ਮਾਇਆ ਦੇ ਮੋਹ ਦਾ) ਜਾਲ ਵਿਛਾ ਰੱਖਿਆ ਹੈ ਉਹੀ ਮੰਨਿਆ-ਪ੍ਰਮੰਨਿਆ ਮਾਲਕ ਹੈ ॥੧॥
25530	581	ਬਾਬਾ ਆਇਆ ਹੈ ਉਠਿ ਚਲਣਾ ਅਧ ਪੰਧੈ ਹੈ ਸੰਸਾਰੋ ਵਾ॥	(ਪੰਧੈ) ਰਸਤੇ। ਅੱਧ ਵਿਚਾਲੇ ਉੱਠਿਚੱਲਣਾ	Baabaa Aaeiaa Hai Outh Chalanaa Adhh Pandhhai Hai Sansaarovaa ||	O Baba, he has come, and now he must get up and depart; this world is only a way-station.	ਹੇ ਭਾਈ! ਜੇਹੜਾ ਵੀ ਜੀਵ (ਜਗਤ ਵਿਚ ਜਨਮ ਲੈ ਕੇ) ਆਇਆ ਹੈ ਉਸ ਨੇ ਜ਼ਰੂਰ (ਇਥੋਂ) ਚਲੇ ਜਾਣਾ ਹੈ, ਜਗਤ ਤਾਂ ਆਉਣ ਜਾਣ (ਜਨਮ ਮਰਨ) ਦੇ ਚਕਰ ਵਿਚ ਹੈ।
25531	581	ਸਿਰਿ ਸਿਰਿ ਸਚੜੈ ਲਿਖਿਆ ਦੁਖੁ ਸੁਖੁ ਪੁਰਬਿ ਵੀਚਾਰੋ ਵਾ॥		Sir Sir Sacharrai Likhiaa Dhukh Sukh Purab Veechaarovaa ||	Upon each and every head, the True Lord writes their destiny of pain and pleasure, according to their past actions.	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੇ ਹਰੇਕ ਜੀਵ ਦੇ ਸਿਰ ਉਤੇ ਉਸ ਦੇ ਪੂਰਬਲੇ ਸਮੇ ਵਿਚ ਕੀਤੇ ਕਰਮਾਂ ਦੇ ਵਿਚਾਰ ਅਨੁਸਾਰ ਦੁੱਖ ਅਤੇ ਸੁਖ (ਭੋਗਣ) ਦੇ ਲੇਖ ਲਿਖ ਦਿੱਤੇ ਹਨ।

25532	581	ਦੁਖੁ ਸੁਖੁ ਦੀਆ ਜੇਹਾ ਕੀਆ ਸੋ ਨਿਬਹੈ ਜੀਅ ਨਾਲੇ॥		Dhukh Sukh Dheeaa Jaehaa Keeaa So Nibehai Jeea Naalae ||	He bestows pain and pleasure, according to the deeds done; the record of these deeds stays with the soul.	ਜਿਹੋ ਜਿਹਾ ਕਰਮ ਜੀਵ ਨੇ ਕੀਤਾ ਉਹੋ ਜਿਹਾ ਦੁੱਖ ਤੇ ਸੁਖ ਪਰਮਾਤਮਾ ਨੇ ਉਸ ਨੂੰ ਦੇ ਦਿੱਤਾ ਹੈ। ਹਰੇਕ ਜੀਵ ਦੇ ਕੀਤੇ ਕਰਮਾਂ ਦਾ ਸਮੂਹ ਉਸ ਦੇ ਨਾਲ ਹੀ ਨਿਭਦਾ ਹੈ।
25533	581	ਜੇਹੇ ਕਰਮ ਕਰਾਏ ਕਰਤਾ ਦੂਜੀ ਕਾਰ ਨ ਭਾਲੇ॥		Jaehae Karam Karaaeae Karathaa Dhoojee Kaar N Bhaalae ||	He does those deeds which the Creator Lord causes him to do; he attempts no other actions.	(ਪਰ ਜੀਵਾਂ ਦੇ ਭੀ ਕੀਹ ਵੱਸ?) ਕਰਤਾਰ ਆਪ ਹੀ ਜਿਹੋ ਜਿਹੇ ਕਰਮ ਜੀਵਾਂ ਪਾਸੋਂ ਕਰਾਂਦਾ ਹੈ (ਉਹੋ ਜਿਹੇ ਕਰਮ ਜੀਵ ਕਰਦੇ ਹਨ) ਕੋਈ ਭੀ ਜੀਵ (ਪ੍ਰਭੂ ਦੀ ਰਜ਼ਾ ਤੋਂ ਲਾਂਭੇ ਜਾ ਕੇ) ਕੋਈ ਹੋਰ ਕੰਮ ਨਹੀਂ ਕਰ ਸਕਦਾ।
25534	581	ਆਪਿ ਨਿਰਾਲਮੁ ਧੰਧੈ ਬਾਧੀ ਕਰਿ ਹੁਕਮੁ ਛਡਾਵਣਹਾਰੋ॥		Aap Niraalam Dhhandhhai Baadhhee Kar Hukam Shhaddaavanehaar o ||	The Lord Himself is detached, while the world is entangled in conflict; by His Command, He emancipates it.	ਪਰਮਾਤਮਾ ਆਪ ਤਾਂ (ਕਰਮਾਂ ਤੋਂ) ਨਿਰਲੇਪ ਹੈ, ਲੁਕਾਈ ਉਸ ਦੇ ਹੁਕਮ ਅਨੁਸਾਰ (ਮਾਇਆ ਦੇ) ਆਹਰ ਵਿਚ ਬੱਝੀ ਪਈ ਹੈ। (ਮਾਇਆ ਦੇ ਇਹਨਾਂ ਬੰਧਨਾਂ ਤੋਂ ਭੀ) ਪਰਮਾਤਮਾ ਆਪ ਹੀ ਹੁਕਮ ਕਰ ਕੇ ਛੁਡਾਣ ਦੇ ਸਮਰੱਥ ਹੈ।
25535	581	ਅਜੁ ਕਲਿ ਕਰਦਿਆ ਕਾਲੁ ਬਿਆਪੈ ਦੂਜੈ ਭਾਇ ਵਿਕਾਰੋ॥੨॥		Aj Kal Karadhiaa Kaal Biaapai Dhoojai Bhaae Vikaaro ||2||	He may put this off today, but tomorrow he is seized by death; in love with duality, he practices corruption. ||2||	ਅੱਜ (ਸਿਮਰਨ) ਕਰਦਾ ਹਾਂ, ਭਲਕੇ ਕਰਾਂਗਾ (ਇਹੀ ਟਾਲ-ਮਟੋਲੇ) ਕਰਦੇ ਨੂੰ ਮੌਤ ਆ ਦਬਾਂਦੀ ਹੈ। (ਪ੍ਰਭੂ ਨੂੰ ਵਿਸਾਰ ਕੇ) ਮਾਇਆ ਦੇ ਮੋਹ ਵਿਚ ਫਸਿਆ ਵਿਅਰਥ ਕੰਮ ਕਰਦਾ ਰਹਿੰਦਾ ਹੈ ॥੨॥

25536	581	ਜਮ ਮਾਰਗ ਪੰਥੁ ਨ ਸੁਝਈ ਉਝੜੁ ਅੰਧ ਗੁਬਾਰੋ ਵਾ॥		Jam Maarag Panthh N Sujhee Oujharr Andhh Gubaarovaa ||	The path of death is dark and dismal; the way cannot be seen.	ਜੀਵ ਜਮ ਵਾਲਾ ਰਸਤਾ ਫੜਦਾ ਹੈ, ਤੇ ਉਸ ਨੂੰ ਆਤਮਿਕ ਜੀਵਨ ਦੀ ਸੋਝ ਨਹੀਂ ਆਉਂਦੀ, ਉਜਾੜ ਤੇ ਘੁੱਪ ਹਨੇਰੇ ਵਿਚ ਹੀ ਫਸਿਆ ਰਹਿੰਦਾ ਹੈ।
25537	581	ਨਾ ਜਲੁ ਲੇਫ ਤੁਲਾਈਆ ਨਾ ਭੋਜਨ ਪਰਕਾਰੋ ਵਾ॥		Naa Jal Laef Thulaaeeaa Naa Bhojan Parakaarovaa ||	There is no water, no quilt or mattress, and no food there.	(ਆਖਰ ਵੇਲੇ) ਨਾਹ ਪਾਣੀ, ਨਾਹ ਲੇਫ, ਨਾਹ ਤੁਲਾਈ ਨਾ ਕਿਸੇ ਕਿਸਮ ਦਾ ਭੋਜਨ,
25538	581	ਭੋਜਨ ਭਾਉ ਨ ਠੰਢਾ ਪਾਣੀ ਨਾ ਕਾਪੜੁ ਸੀਗਾਰੋ॥		Bhojan Bhaao N Thandtaa Paanee Naa Kaaparr Seegaaro ||	He receives no food there, no honor or water, no clothes or decorations.	ਭੋਜਨ ਭਾਉ ਨਹੀਂ, ਨਾਹ ਠੰਢਾ ਪਾਣੀ, ਨਾਹ ਕੋਈ ਸੋਹਣਾ ਕੱਪੜਾ, ਨਾਹ ਹੋਰ ਸਿੰਗਾਰ (ਨਾਲ ਜਾਂਦਾ ਹੈ)।
25539	581	ਗਲਿ ਸੰਗਲੁ ਸਿਰਿ ਮਾਰੇ ਊਭੋ ਨਾ ਦੀਸੈ ਘਰ ਬਾਰੋ॥	(ਊਭੋ) ਖੜਾ	Gal Sangal Sir Maarae Oobha Naa Dheesai Ghar Baaro ||	The chain is put around his neck, and the Messenger of Death standing over his head strikes him; he cannot see the door of his home.	ਜਮਰਾਜ ਜੀਵ ਦੇ ਗਲ ਵਿਚ (ਮੋਹ ਦਾ) ਸੰਗਲ ਪਾ ਕੇ ਇਸ ਦੇ ਸਿਰ ਉਤੇ ਖਲੋਤਾ ਚੋਟਾਂ ਮਾਰਦਾ ਹੈ, ਤਾਂ ਇਸ ਨੂੰ ਕੋਈ ਘਰ-ਬਾਹਰ ਨਹੀਂ ਦਿੱਸਦਾ।

25540	581	ਇਬ ਕੇ ਰਾਹੇ ਜੰਮਨਿ ਨਾਹੀ ਪਛੁਤਾਣੇ ਸਿਰਿ ਭਾਰੋ॥	ਪਿਛਲੇ(ਰਾਹੇ)ਬੀਜੇਪਾਪ। (ਇਬ) ਇਸ (ਕੇ) ਵੇਲੇ ਫ਼ਲ ਦੇਣ ਲਈ ਨਹੀ ਜੰਮਦੇ	Eib Kae Raahae Janman Naahee Pashhuthaanae Sir Bhaaro ||	The seeds planted on this path do not sprout; bearing the weight of his sins upon his head, he regrets and repents.	ਉਸ (ਮੌਤ) ਵੇਲੇ ਦੇ ਬੀਜੇ ਹੋਏ (ਸਿਮਰਨ ਸੇਵਾ ਆਦਿਕ ਦੇ ਬੀਜ) ਉੱਗ ਨਹੀਂ ਸਕਦੇ। ਤਦੋਂ ਪਛੁਤਾਂਦਾ ਹੈ ਕਿਉਂਕਿ ਕੀਤੇ ਪਾਪਾਂ ਦਾ ਭਾਰ ਸਿਰ ਉਤੇ ਪਿਆ ਹੈ (ਜੋ ਲਹਿ ਨਹੀਂ ਸਕਦਾ)।
25541	581	ਬਿਨੁ ਸਾਚੇ ਕੋ ਬੇਲੀ ਨਾਹੀ ਸਾਚਾ ਏਹੁ ਬੀਚਾਰੋ॥੩॥		Bin Saachae Ko Baelee Naahee Saachaa Eaehu Beechaaro ||3||	Without the True Lord, no one is his friend; reflect upon this as true. ||3||	ਇਸ ਅਟੱਲ ਵਿਚਾਰ ਨੂੰ ਚੇਤੇ ਰੱਖੋ ਕਿ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਤੋਂ ਬਿਨਾ ਹੋਰ ਕੋਈ ਸਾਥੀ ਨਹੀਂ ਬਣਦਾ ॥੩॥
25542	581	ਬਾਬਾ ਰੋਵਹਿ ਰਵਹਿ ਸੁ ਜਾਣੀਅਹਿ ਮਿਲਿ ਰੋਵੈ ਗੁਣ ਸਾਰੇ ਵਾ॥	ਜਾਣੀ-ਅਹਿ	Baabaa Rovehi Ravehi S Jaaneeahi Mil Rovai Gun Saaraevaa ||	O Baba, they alone are known to truly weep and wail, who meet together and weep, chanting the Praises of the Lord.	ਹੇ ਭਾਈ! ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ ਤੇ ਵੈਰਾਗਵਾਨ ਹੁੰਦੇ ਹਨ ਉਹ (ਲੋਕ ਪਰਲੋਕ ਵਿਚ) ਆਦਰ ਪਾਂਦੇ ਹਨ।
25543	581	ਰੋਵੈ ਮਾਇਆ ਮੁਠੜੀ ਧੰਧੜਾ ਰੋਵਣਹਾਰੇ ਵਾ॥		Rovai Maaeiaa Mutharree Dhhandhharraa Rovanehaaraevaa ||	Defrauded by Maya and worldly affairs, the weepers weep.	ਪਰ ਜਿਸ ਜੀਵ-ਇਸਤ੍ਰੀ ਨੂੰ ਮਾਇਆ ਦੇ ਮੋਹ ਨੇ ਲੁੱਟ ਲਿਆ ਹੈ ਉਹ ਦੁੱਖੀ ਹੁੰਦੀ ਹੈ।

25544	581	ਧੰਧਾ ਰੋਵੈ ਮੈਲੁ ਨ ਧੋਵੈ ਸੁਪਨੰਤਰੁ ਸੰਸਾਰੋ॥	ਸੁਪ-ਨੰਤਰੁ	Dhhandhhaa Rovai Mail N Dhhovai Supananthar Sansaaro ||	They weep for the sake of worldly affairs, and they do not wash off their own filth; the world is merely a dream.	ਜੀਵ (ਸਾਰੀ ਉਮਰ ਮਾਇਆ ਦਾ) ਧੰਧਾ ਹੀ ਪਿੱਟਦੇ ਹਨ ਤੇ ਇੰਜ ਕਰਮਾ ਦੀ ਮੈਲ ਨਹੀਂ ਲਾਹੁੰਦੇ, ਉਹਨ੍ਹਾਂ ਲਈ ਸੰਸਾਰ ਇਕ ਸੁਪਨਾ ਹੀ ਬਣਿਆ ਰਹਿੰਦਾ ਹੈ।
25545	581	ਜਿਉ ਬਾਜੀਗਰੁ ਭਰਮੈ ਭੂਲੈ ਝੂਠਿ ਮੁਠੀ ਅਹੰਕਾਰੋ॥		Jio Baajeegar Bharamai Bhoolai Jhooth Muthee Ahankaaro ||	Like the juggler, deceiving by his tricks, one is deluded by egotism, falsehood and illusion.	ਜਿਵੇਂ ਬਾਜ਼ੀਗਰ (ਤਮਾਸ਼ਾ ਵਿਖਾਂਦਾ ਹੈ, ਵੇਖਣ ਵਾਲਾ ਜੀਵ ਉਸ ਦੇ ਤਮਾਸ਼ੇ ਵਿਚ ਰੁੱਝਾ ਰਹਿੰਦਾ ਹੈ, ਤਿਵੇਂ) ਕੂੜੇ ਮੋਹ ਦੀ ਠਗੀ ਹੋਈ ਜੀਵ-ਇਸਤ੍ਰੀ ਭਟਕਣਾ ਵਿਚ ਪੈ ਕੇ ਕੁਰਾਹੇ ਪਈ ਰਹਿੰਦੀ ਹੈ ਤੇ (ਕੂੜੀ ਮਾਇਆ ਦਾ) ਮਾਣ ਕਰਦੀ ਹੈ।
25546	581	ਆਪੇ ਮਾਰਗਿ ਪਾਵਣਹਾਰਾ ਆਪੇ ਕਰਮ ਕਮਾਏ॥		Aapae Maarag Paavanehaaraa Aapae Karam Kamaaeae ||	The Lord Himself reveals the Path; He Himself is the Doer of deeds.	ਪਰ ਪਰਮਾਤਮਾ ਆਪ ਹੀ (ਜੀਵਾਂ ਨੂੰ) ਸਹੀ ਰਸਤੇ ਤੇ ਪਾਣ ਵਾਲਾ ਹੈ ਤੇ ਆਪ ਹੀ (ਜੀਵਾਂ ਵਿਚ ਵਿਆਪਕ ਹੋ ਕੇ) ਕਰਮ ਕਰ ਰਿਹਾ ਹੈ।
25547	581	ਨਾਮਿ ਰਤੇ ਗੁਰਿ ਪੂਰੈ ਰਾਖੇ ਨਾਨਕ ਸਹਜਿ ਸੁਭਾਏ॥੪॥੪॥		Naam Rathae Gur Poorai Raakhae Naanak Sehaj Subhaaeae ||4||4||	Those who are imbued with the Naam, are protected by the Perfect Guru, O Nanak; they merge in celestial bliss. ||4||4||	ਹੇ ਨਾਨਕ! ਜੇਹੜੇ ਆਤਮਕ ਅਡੋਲਤਾ ਵਿਚ ਟਿਕੇ ਰਹਿ ਕੇ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹਨਾਂ ਨੂੰ ਪੂਰੇ ਗੁਰੂ ਨੇ (ਮਾਇਆ ਦੇ ਮੋਹ ਤੋਂ) ਬਚਾ ਲਿਆ ਹੈ ॥੪॥੪॥

25548	581	ਵਡਹੰਸੁ ਮਹਲਾ ੧॥		Vaddehans Mehalaa 1 ||	Wadahans, First Mehl:	
25549	581	ਬਾਬਾ ਆਇਆ ਹੈ ਉਠਿ ਚਲਣਾ ਇਹੁ ਜਗੁ ਝੂਠੁ ਪਸਾਰੋ ਵਾ॥		Baabaa Aaeiaa Hai Outh Chalanaa Eihu Jag Jhooth Pasaarovaa ||	O Baba, whoever has come, will rise up and leave; this world is merely a false show.	ਹੇ ਭਾਈ! (ਜਗਤ ਵਿਚ ਜੇਹੜਾ ਭੀ ਜੀਵ ਜਨਮ ਲੈ ਕੇ) ਆਇਆ ਹੈ ਉਸ ਨੇ (ਆਖ਼ਰ ਇਥੋਂ) ਕੂਚ ਕਰ ਜਾਣਾ ਹੈ, ਇਹ ਜਗਤ ਤਾਂ ਹੈ ਹੀ ਨਾਸਵੰਤ ਖਿਲਾਰਾ।
25550	581	ਸਚਾ ਘਰੁ ਸਚੜੈ ਸੇਵੀਐ ਸਚੁ ਖਰਾ ਸਚਿਆਰੋ ਵਾ॥		Sachaa Ghar Sacharrai Saeveeai Sach Kharaa Sachiaarovaa ||	One's true home is obtained by serving the True Lord; real Truth is obtained by being truthful.	ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਨੂੰ ਸਿਮਰਦਾ ਹੈ ਉਹ ਪਵਿਤ੍ਰ ਜੀਵਨ ਵਾਲਾ ਹੋ ਜਾਂਦਾ ਹੈ, ਉਹ ਸਦਾ-ਥਿਰ ਪ੍ਰਭੂ ਦੇ ਪ੍ਰਕਾਸ਼ ਲਈ ਯੋਗ ਬਣ ਜਾਂਦਾ ਹੈ।
25551	581	ਕੂੜਿ ਲਬਿ ਜਾਂ ਥਾਇ ਨ ਪਾਸੀ ਅਗੈ ਲਹੈ ਨ ਠਾਓ॥		Koorr Lab Jaan Thhaae N Paasee Agai Lehai N Thaaou ||	By falsehood and greed, no place of rest is found, and no place in the world hereafter is obtained.	ਜੇਹੜਾ ਮਨੁੱਖ ਮਾਇਆ ਦੇ ਮੋਹ ਵਿਚ ਜਾਂ ਮਾਇਆ ਦੇ ਲਾਲਚ ਵਿਚ ਫਸਿਆ ਰਹਿੰਦਾ ਹੈ ਉਹ ਪਰਮਾਤਮਾ ਦੀ ਦਰਗਾਹ ਵਿਚ ਕਬੂਲ ਨਹੀਂ ਹੁੰਦਾ, ਉਸ ਨੂੰ ਪ੍ਰਭੂ ਦੀ ਹਜ਼ੂਰੀ ਵਿਚ ਥਾਂ ਨਹੀਂ ਮਿਲਦੀ।

25552	581	ਅੰਤਰਿ ਆਉ ਨ ਬੈਸਹੁ ਕਹੀਐ ਜਿਉ ਸੁੰਞੈ ਘਰਿ ਕਾਓ॥		Anthar Aao N Baisahu Keheeai Jio Sunnjai Ghar Kaaou ||	No one invites him to come in and sit down. He is like a crow in a deserted home.	ਜਿਵੇਂ ਸੁੰਞੇ ਘਰ ਵਿਚ ਗਏ ਕਾਂ ਨੂੰ (ਕਿਸੇ ਨੇ ਰੋਟੀ ਦੀ ਗਰਾਹੀ ਆਦਿਕ ਨਹੀਂ ਪੈਂਦੀ) (ਤਿਵੇਂ ਮਾਇਆ ਦੇ ਮੋਹ ਵਿਚ ਫਸੇ ਜੀਵ ਨੂੰ ਪ੍ਰਭੂ ਦੀ ਹਜ਼ੂਰੀ ਵਿਚ) ਕਿਸੇ ਨੇ ਇਹ ਨਹੀਂ ਆਖਣਾ "ਆਓ ਜੀ, ਅੰਦਰ ਲੰਘ ਆਵੋ ਤੇ ਬੈਠ ਜਾਵੋ।"
25553	581	ਜੰਮਣੁ ਮਰਣੁ ਵਡਾ ਵੇਛੋੜਾ ਬਿਨਸੈ ਜਗੁ ਸਬਾਏ॥	(ਬਿਨਸੈ) ਨਾਸ। (ਸਬਾਏ) ਸਾਰੇ	Janman Maran Vaddaa Vaeshhorraa Binasai Jag Sabaaeae ||	Trapped by birth and death, he is separated from the Lord for such a long time; the whole world is wasting away.	ਉਸ ਮਨੁੱਖ ਨੂੰ ਜਨਮ ਮਰਨ ਦਾ ਗੇੜ ਭੁਗਤਣਾ ਪੈ ਜਾਂਦਾ ਹੈ, ਉਸ ਨੂੰ (ਇਸ ਗੇੜ ਦੇ ਕਾਰਨ ਪ੍ਰਭੂ-ਚਰਨਾਂ ਨਾਲੋਂ) ਲੰਮਾ ਵਿਛੋੜਾ ਹੋ ਜਾਂਦਾ ਹੈ। (ਮਾਇਆ ਦੇ ਮੋਹ ਵਿਚ ਫਸ ਕੇ) ਜਗਤ ਆਤਮਕ ਮੌਤ ਸਹੇੜ ਰਿਹਾ ਹੈ (ਜੇਹੜੇ ਭੀ ਮੋਹ ਵਿਚ ਫਸਦੇ ਹਨ ਉਹ) ਸਾਰੇ (ਆਤਮਕ ਮੌਤ ਮਰਦੇ ਹਨ)।
25554	581	ਲਬਿ ਧੰਧੈ ਮਾਇਆ ਜਗਤੁ ਭੁਲਾਇਆ ਕਾਲੁ ਖੜਾ ਰੂਆਏ॥੧॥	(ਰੂਆਏ) ਸੱਦਦਾ ਹੈ। ਲੱਬਿ। ਜੱਗਤੁ। ਖੜ੍ਹਾ	Lab Dhhandhhai Maaeiaa Jagath Bhulaaeiaa Kaal Kharraa Rooaaeae ||1||	Greed, worldly entanglements and Maya deceive the world. Death hovers over its head, and causes it to weep. ||1||	ਲਾਲਚ ਦੇ ਕਾਰਨ ਮਾਇਆ ਦੇ ਹੀ ਆਹਰ ਵਿਚ ਪਿਆ ਹੋਇਆ ਜਗਤ ਸਹੀ ਜੀਵਨ-ਰਾਹ ਤੋਂ ਖੁੰਝਿਆ ਰਹਿੰਦਾ ਹੈ, ਇੰਜ ਇਸ ਦੇ ਸਿਰ ਉਤੇ ਖਲੋਤਾ ਕਾਲ ਇਸ ਨੂੰ ਦੁੱਖੀ ਕਰਦਾ ਰਹਿੰਦਾ ਹੈ ॥੧॥

25555	582	ਬਾਬਾ ਆਵਹੁ ਭਾਈਹੋ ਗਲਿ ਮਿਲਹ ਮਿਲਿ ਮਿਲਿ ਦੇਹ ਆਸੀਸਾ ਹੇ॥		Baabaa Aavahu Bhaaeeho Gal Mileh Mil Mil Dhaeh Aaseesaa Hae ||	Come, O Baba, and Siblings of Destiny - let's join together; take me in your arms, and bless me with your prayers.	ਹੇ ਭਾਈ! ਹੇ ਭਰਾਵੋ! ਆਓ, ਅਸੀਂ ਪਿਆਰ ਨਾਲ ਰਲ ਕੇ ਬੈਠੀਏ, ਤੇ ਮਿਲ ਕੇ (ਆਪਣੇ ਵਿਛੁੜੇ ਸਾਥੀ ਨੂੰ) ਅਸੀਸਾਂ ਦੇਵੀਏ।
25556	582	ਬਾਬਾ ਸਚੜਾ ਮੇਲੁ ਨ ਚੁਕਈ ਪ੍ਰੀਤਮ ਕੀਆ ਦੇਹ ਅਸੀਸਾ ਹੇ॥		Baabaa Sacharraa Mael N Chukee Preetham Keeaa Dhaeh Aseesaa Hae ||	O Baba, union with the True Lord cannot be broken; bless me with your prayers for union with my Beloved.	ਹੇ ਭਾਈ! ਸਦਾ-ਥਿਰ ਮੇਲ ਸਿਰਫ਼ ਪਰਮਾਤਮਾ ਨਾਲ ਹੀ ਹੁੰਦਾ ਹੈ ਤੇ ਸਦਾ-ਥਿਰ ਰਹਿਣ ਵਾਲਾ ਮਿਲਾਪ ਕਦੇ ਮੁੱਕਦਾ ਨਹੀਂ। ਆਓ ਪਰਮਾਤਮਾ ਵਲੋਂ ਅਸੀਸਾਂ ਮੰਗੀਏ (ਅਰਦਾਸਾਂ ਕਰੀਏ ਉਸ ਨਾਲ ਮੇਲ ਲਈ)।
25557	582	ਆਸੀਸਾ ਦੇਵਹੋ ਭਗਤਿ ਕਰੇਵਹੋ ਮਿਲਿਆ ਕਾ ਕਿਆ ਮੇਲੋ॥		Aaseesaa Dhaeveho Bhagath Karaeveho Miliaa Kaa Kiaa Maelo ||	Bless me with your prayers, that I may perform devotional worship service to my Lord; for those already united with Him, what is there to unite?	(ਵਿਛੁੜੇ ਸਾਥੀ ਲਈ) ਅਰਦਾਸਾਂ ਕਰੋ (ਅਤੇ ਆਪ ਭੀ) ਪਰਮਾਤਮਾ ਦੀ ਭਗਤੀ ਕਰੋ। ਜੇਹੜੇ ਇਕ ਵਾਰੀ ਪ੍ਰਭੂ-ਚਰਨਾਂ ਨਾਲ ਮਿਲ ਜਾਂਦੇ ਹਨ ਉਹਨਾਂ ਦਾ ਫਿਰ ਕਦੇ ਵਿਛੋੜਾ ਨਹੀਂ ਹੁੰਦਾ।
25558	582	ਇਕਿ ਭੂਲੇ ਨਾਵਹੁ ਥੇਹਹੁ ਥਾਵਹੁ ਗੁਰ ਸਬਦੀ ਸਚੁ ਖੇਲੋ॥	(ਥੇਹਹੁ) ਥਾਂ ਤੋਂ	Eik Bhoolae Naavahu Thhaehahu Thhaavahu Gur Sabadhee Sach Khaelo ||	Some have wandered away from the Name of the Lord, and lost the Path. The Word of the Guru's Shabad is the true game.	ਪਰ ਕਈ ਐਸੇ ਹਨ ਜੋ ਪਰਮਾਤਮਾ ਦੇ ਨਾਮ ਤੋਂ ਖੁੰਝੇ ਫਿਰਦੇ ਹਨ ਜੋ ਸਦਾ ਕਾਇਮ ਰਹਿਣ ਵਾਲੇ ਟਿਕਾਣੇ ਤੋਂ ਉਖੜੇ ਫਿਰਦੇ ਹਨ। ਗੁਰੂ ਦੇ ਸ਼ਬਦ ਵਿਚ ਜੁੜ ਕੇ ਨਾਮ ਸਿਮਰਨ ਦੀ ਖੇਡ ਖੇਡੋ।

25559	582	ਜਮ ਮਾਰਗਿ ਨਹੀ ਜਾਣਾ ਸਬਦਿ ਸਮਾਣਾ ਜੁਗਿ ਜੁਗਿ ਸਾਚੈ ਵੇਸੇ॥		Jam Maarag Nehee Jaanaa Sabadh Samaanaa Jug Jug Saachai Vaesae ||	Do not go on Death's path; remain merged in the Word of the Shabad, the true form throughout the ages.	ਜੇਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਲੀਨ ਰਹਿੰਦੇ ਹਨ ਉਹ ਜਮ ਦੇ ਰਸਤੇ ਤੇ ਨਹੀਂ ਜਾਂਦੇ, ਉਹ ਸਦਾ ਲਈ ਹੀ ਉਸ ਪਰਮਾਤਮਾ ਵਿਚ ਜੁੜੇ ਰਹਿੰਦੇ ਹਨ ਜਿਸ ਦਾ ਸਰੂਪ ਸਦਾ ਲਈ ਅਟੱਲ ਹੈ।
25560	582	ਸਾਜਨ ਸੈਣ ਮਿਲਹੁ ਸੰਜੋਗੀ ਗੁਰ ਮਿਲਿ ਖੋਲੇ ਫਾਸੇ॥੨॥		Saajan Sain Milahu Sanjogee Gur Mil Kholae Faasae ||2||	Through good fortune, we meet such friends and relatives, who meet with the Guru, and escape the noose of Death. ||2||	ਹੇ ਸੱਜਣ ਮਿੱਤ੍ਰ ਸਤਸੰਗੀਓ! ਸਤਸੰਗ ਵਿਚ ਰਲ ਬੈਠੋ। ਜੇਹੜੇ ਬੰਦੇ ਸਤਸੰਗ ਵਿਚ ਆਏ ਹਨ ਉਹਨਾਂ ਨੇ ਗੁਰੂ ਨੂੰ ਮਿਲ ਕੇ ਮਾਇਆ ਦੇ ਮੋਹ ਦੇ ਫਾਹੇ ਵੱਢ ਲਏ ਹਨ ॥੨॥
25561	582	ਬਾਬਾ ਨਾਂਗੜਾ ਆਇਆ ਜਗ ਮਹਿ ਦੁਖੁ ਸੁਖੁ ਲੇਖੁ ਲਿਖਾਇਆ॥		Baabaa Naangarraa Aaeiaa Jag Mehi Dhukh Sukh Laekh Likhaaeiaa ||	O Baba, we come into the world naked, into pain and pleasure, according to the record of our account.	ਹੇ ਭਾਈ! ਜੀਵ ਜਗਤ ਵਿਚ ਨੰਗਾ ਹੀ ਆਉਂਦਾ ਹੈ ਤੇ (ਪੂਰਬਲੇ ਕੀਤੇ ਕਰਮਾਂ ਅਨੁਸਾਰ) ਦੁੱਖ ਅਤੇ ਸੁਖ-ਰੂਪ ਲੇਖ ਲਿਖੇ ਹੋਏ ਉਸ ਦੇ ਨਾਲ ਹੀ ਆਉਂਦੇ ਹਨ।
25562	582	ਲਿਖਿਅੜਾ ਸਾਹਾ ਨਾ ਟਲੈ ਜੇਹੜਾ ਪੁਰਬਿ ਕਮਾਇਆ॥	(ਸਾਹਾ) ਮਰਨ ਦਾ ਸਮਾਂ	Likhiarraa Saahaa Naa Ttalai Jaeharraa Purab Kamaaeiaa ||	The call of our pre-ordained destiny cannot be altered; it follows from our past actions.	ਉਹ ਮੁਕਰਰ ਕੀਤਾ ਹੋਇਆ ਸਮਾ ਅਗਾਂਹ ਪਿਛਾਂਹ ਨਹੀਂ ਹੋ ਸਕਦਾ, (ਨਾਹ ਹੀ ਉਹ ਦੁਖ ਸੁਖ ਵਾਪਰਨੋਂ ਹਟ ਸਕਦਾ ਹੈ) ਜੋ ਪੂਰਬਲੇ ਜਨਮ ਵਿਚ ਕਰਮ ਕਰ ਕੇ (ਕਮਾਈ ਵਜੋਂ) ਖੱਟਿਆ ਹੈ।

25563	582	ਬਹਿ ਸਾਚੈ ਲਿਖਿਆ ਅੰਮ੍ਰਿਤੁ ਬਿਖਿਆ ਜਿਤੁ ਲਾਇਆ ਤਿਤੁ ਲਾਗਾ॥		Behi Saachai Likhiaa Anmrith Bikhiaa Jith Laaeiaa Thith Laagaa ||	The True Lord sits and writes of ambrosial nectar, and bitter poison; as the Lord attaches us, so are we attached.	(ਜੀਵ ਦੇ ਕੀਤੇ ਕਰਮਾਂ ਅਨੁਸਾਰ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੇ ਸੋਚ-ਵਿਚਾਰ ਕੇ ਲਿਖ ਦਿੱਤਾ ਹੁੰਦਾ ਹੈ ਕਿ ਜੀਵ ਨੇ ਨਵੇਂ ਜੀਵਨ-ਸਫ਼ਰ ਵਿਚ ਨਾਮ-ਅੰਮ੍ਰਿਤ ਵਿਹਾਝਣਾ ਹੈ ਜਾਂ ਮਾਇਆ-ਜ਼ਹਿਰ ਖੱਟਣਾ ਹੈ। ਇੰਜ ਜੀਵ ਨੂੰ ਜਿਧਰ ਲਾਇਆ ਜਾਂਦਾ ਹੈ ਉਧਰ ਇਹ ਲੱਗ ਪੈਂਦਾ ਹੈ।
25564	582	ਕਾਮਣਿਆਰੀ ਕਾਮਣ ਪਾਏ ਬਹੁ ਰੰਗੀ ਗਲਿ ਤਾਗਾ॥	(ਕਾਮਣਿਆਰੀ) ਟੂਣੇ ਵਾਲੀ ਮਾਇਆ	Kaamaniaaree Kaaman Paaeae Bahu Rangee Gal Thaagaa ||	The Charmer, Maya, has worked her charms, and the multi-colored thread is around everyone's neck.	(ਉਸੇ ਲਿਖੇ ਅਨੁਸਾਰ ਹੀ) ਜਾਦੂ ਟੂਣੇ ਕਰਨ ਵਾਲੀ ਮਾਇਆ ਜੀਵ ਉਤੇ ਜਾਦੂ ਪਾ ਦੇਂਦੀ ਹੈ, ਇਸ ਦੇ ਗਲ ਵਿਚ ਕਈ ਰੰਗਾਂ ਵਾਲਾ ਧਾਗਾ ਪਾ ਦੇਂਦੀ ਹੈ (ਭਾਵ, ਕਈ ਤਰੀਕਿਆਂ ਨਾਲ ਮਾਇਆ ਇਸ ਨੂੰ ਮੋਹ ਲੈਂਦੀ ਹੈ)।
25565	582	ਹੋਛੀ ਮਤਿ ਭਇਆ ਮਨੁ ਹੋਛਾ ਗੁੜੁ ਸਾ ਮਖੀ ਖਾਇਆ॥	ਵਿਸ਼ੇ ਰੂਪ ਗੁੜ ਨੇ ਜੀਵ ਰੂਪੀ ਮੱਖੀ ਨੂੰ ਖਾ ਲਿਆ	Hoshhee Math Bhaeiaa Man Hoshhaa Gurr Saa Makhee Khaaeiaa ||	Through shallow intellect, the mind becomes shallow, and one eats the fly, along with the sweets.	(ਮਾਇਆ ਦੇ ਮੋਹ ਵਿਚ) ਜੀਵ ਦੀ ਮੱਤ ਥੋੜ੍ਹ-ਵਿਤੀ ਹੋ ਜਾਂਦੀ ਹੈ ਤੇ ਮਨ ਥੋੜ੍ਹ-ਵਿਤਾ ਹੋ ਜਾਂਦਾ ਹੈ, ਜਿਵੇਂ ਮੱਖੀ ਗੁੜ ਖਾਂਦੀ ਹੈ (ਤੇ ਗੁੜ ਨਾਲ ਚੰਬੜ ਕੇ ਹੀ ਮਰ ਜਾਂਦੀ ਹੈ)।

25566	582	ਨਾ ਮਰਜਾਦੁ ਆਇਆ ਕਲਿ ਭੀਤਰਿ ਨਾਂਗੋ ਬੰਧਿ ਚਲਾਇਆ॥੩॥	(ਨਾਮਰਜਾਦੁ) ਨੰਗਾ	Naa Marajaadh Aaeiaa Kal Bheethar Naango Bandhh Chalaaeiaa ||3||	Contrary to custom, he comes into the Dark Age of Kali Yuga naked, and naked he is bound down and sent away again. ||3||	ਜੀਵ ਜਗਤ ਵਿਚ ਮਰਜਾਦਾ-ਰਹਿਤ ਨੰਗਾ ਹੀ ਆਉਂਦਾ ਹੈ ਤੇ ਨੰਗਾ ਹੀ ਬੰਨ੍ਹ ਕੇ ਅੱਗੇ ਲਾ ਲਿਆ ਜਾਂਦਾ ਹੈ ॥੩॥
25567	582	ਬਾਬਾ ਰੋਵਹੁ ਜੇ ਕਿਸੈ ਰੋਵਣਾ ਜਾਨੀਅੜਾ ਬੰਧਿ ਪਠਾਇਆ ਹੈ॥	(ਪਠਾਇਆ) ਤੋਰ ਦਿੱਤਾ	Baabaa Rovahu Jae Kisai Rovanaa Jaaneearraa Bandhh Pathaaeiaa Hai ||	O Baba, weep and mourn if you must; the beloved soul is bound and driven off.	ਜੇ ਕਿਸੇ ਨੇ (ਇਸ ਮੌਤ ਸੱਦੇ ਨੂੰ ਟਾਲਣ ਲਈ) ਰੋਣਾ ਹੀ ਹੈ ਤਾਂ ਰੋ ਕੇ ਵੇਖ ਲਵੋ, ਪਰ ਜਿਸ ਪਿਆਰੇ ਸੰਭੰਧੀ ਦਾ ਸੱਦਾ ਆਇਆ ਹੈ ਉਸ ਨੂੰ ਬੰਨ੍ਹ ਕੇ ਅੱਗੇ ਤੋਰ ਲਿਆ ਜਾਂਦਾ ਹੈ (ਉਸ ਨੇ ਚਲੇ ਹੀ ਜਾਣਾ ਹੈ)।
25568	582	ਲਿਖਿਅੜਾ ਲੇਖੁ ਨ ਮੇਟੀਐ ਦਰਿ ਹਾਕਾਰੜਾ ਆਇਆ ਹੈ॥	(ਹਾ-ਕਾਰੜਾ)ਸੱਦਾ	Likhiarraa Laekh N Maetteeai Dhar Haakaararraa Aaeiaa Hai ||	The pre-ordained record of destiny cannot be erased; the summons has come from the Lord's Court.	(ਪ੍ਰਭੂ ਦਾ) ਲਿਖਿਆ ਹੁਕਮ ਮਿਟਾ ਨਹੀਂ ਸਕੀਦਾ, ਜੋ ਉਸ ਦੇ ਦਰ ਤੋਂ ਸੱਦਾ ਆ ਜਾਂਦਾ ਹੈ (ਉਹ ਸੱਦਾ ਅਮਿੱਟ ਹੈ)।
25569	582	ਹਾਕਾਰਾ ਆਇਆ ਜਾ ਤਿਸੁ ਭਾਇਆ ਰੁੰਨੇ ਰੋਵਣਹਾਰੇ॥		Haakaaraa Aaeiaa Jaa This Bhaaeiaa Runnae Rovanehaarae ||	The messenger comes, when it pleases the Lord, and the mourners begin to mourn.	ਜਦੋਂ ਪਰਮਾਤਮਾ ਨੂੰ (ਆਪਣੀ ਰਜ਼ਾ ਵਿਚ) ਚੰਗਾ ਲੱਗਦਾ ਹੈ, ਤਾਂ (ਜੀਵ ਵਾਸਤੇ ਕੂਚ ਦਾ) ਸੱਦਾ ਆ ਜਾਂਦਾ ਹੈ, ਰੋਣ ਵਾਲੇ ਸੰਬੰਧੀ ਰੋਂਦੇ ਹਨ।

25570	582	ਪੁਤ ਭਾਈ ਭਾਤੀਜੇ ਰੋਵਹਿ ਪ੍ਰੀਤਮ ਅਤਿ ਪਿਆਰੇ॥		Puth Bhaaee Bhaatheejae Rovehi Preetham Ath Piaarae ||	Sons, brothers, nephews and very dear friends weep and wail.	ਪੁੱਤਰ, ਭਰਾ, ਭਤੀਜੇ, ਬੜੇ ਪਿਆਰੇ ਸੰਬੰਧੀ (ਸਭੇ ਹੀ) ਰੋਂਦੇ ਹਨ।
25571	582	ਭੈ ਰੋਵੈ ਗੁਣ ਸਾਰਿ ਸਮਾਲੇ ਕੋ ਮਰੈ ਨ ਮੁਇਆ ਨਾਲੇ॥		Bhai Rovai Gun Saar Samaalae Ko Marai N Mueiaa Naalae ||	Let him weep, who weeps in the Fear of God, cherishing the virtues of God. No one dies with the dead.	(ਮਰੇ ਹੋਏ ਦੇ ਸੰਭੰਧੀ) ਸਹਮ ਵਿਚ ਰੋਂਦੇ ਹਨ, ਤੇ ਉਸ ਦੇ ਗੁਣਾਂ (ਸੁਖਾਂ) ਨੂੰ ਮੁੜ ਮੁੜ ਚੇਤੇ ਕਰਦੇ ਹਨ, ਪਰ ਕਦੇ ਭੀ ਕੋਈ ਜੀਵ ਮੁਏ ਪ੍ਰਾਣੀਆਂ ਦੇ ਨਾਲ ਮਰਦਾ ਨਹੀਂ ਹੈ।
25572	582	ਨਾਨਕ ਜੁਗਿ ਜੁਗਿ ਜਾਣ ਸਿਜਾਣਾ ਰੋਵਹਿ ਸਚੁ ਸਮਾਲੇ॥੪॥੫॥	(ਸਿਜਾਣਾ) ਸਿਆਣਾ। ਜੁੱਗਿ ਜੁੱਗਿ	Naanak Jug Jug Jaan Sijaanaa Rovehi Sach Samaalae ||4||5||	O Nanak, throughout the ages, they are known as wise, who weep, remembering the True Lord. ||4||5||	ਹੇ ਨਾਨਕ! ਉਹ ਬੰਦੇ ਸਦਾ ਹੀ ਮਹਾ ਸਿਆਣੇ ਹਨ ਜੋ ਸਦਾ-ਥਿਰ-ਪ੍ਰਭੂ ਦੇ ਗੁਣ ਹਿਰਦੇ ਵਿਚ ਵਸਾ ਕੇ ਮਾਇਆ ਦੇ ਮੋਹ ਵਲੋਂ ਉਪਰਾਮ ਹੁੰਦੇ ਹਨ ॥੪॥੫॥
25573	582	ਵਡਹੰਸੁ ਮਹਲਾ ੩ ਮਹਲਾ ਤੀਜਾ	ਮਹੱਲਾ ਤੀਜਾ ਮਹੱਲਾ ਤੀਜਾ ਕਹਿਣਾ, ਤਿੰਨ ਜਾਂ ੩ ਨਹੀਂ ਕਹਿਣਾ	Vaddehans Mehalaa 3 Mehalaa Theejaa	Wadahans, Third Mehl:	ਰਾਗ ਵਡਹੰਸ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।
25574	582	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

25575	582	ਪ੍ਰਭੁ ਸਚੜਾ ਹਰਿ ਸਾਲਾਹੀਐ ਕਾਰਜੁ ਸਭੁ ਕਿਛੁ ਕਰਣੈ ਜੋਗੁ॥		Prabh Sacharraa Har Saalaaheeai Kaaraj Sabh Kishh Karanai Jog ||	Praise God, the True Lord; He is all-powerful to do all things.	ਸਦਾ ਕਾਇਮ ਰਹਿਣ ਵਾਲੇ ਹਰਿ-ਪ੍ਰਭੂ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ, ਉਹ ਸਭ ਕੁਝ ਹਰੇਕ ਕੰਮ ਕਰਨ ਦੀ ਸਮਰਥਾ ਰੱਖਣ ਵਾਲਾ ਹੈ।
25576	582	ਸਾ ਧਨ ਰੰਡ ਨ ਕਬਹੂ ਬੈਸਈ ਨਾ ਕਦੇ ਹੋਵੈ ਸੋਗੁ॥	ਬੈਸ-ਈ	Saa Dhhan Randd N Kabehoo Baisee Naa Kadhae Hovai Sog ||	The soul-bride shall never be a widow, and she shall never have to endure suffering.	ਉਹ ਜੀਵ-ਇਸਤ੍ਰੀ ਕਦੇ ਨਿ-ਖਸਮੀ ਨਹੀਂ ਹੁੰਦੀ, ਨਾਹ ਹੀ ਕਦੇ ਉਸ ਨੂੰ ਕੋਈ ਚਿੰਤਾ ਵਿਆਪਦੀ ਹੈ, ਜਿਸ ਨੇ ਸਿਰਜਣਹਾਰ ਪ੍ਰੀਤਮ-ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ।
25577	582	ਨਾ ਕਦੇ ਹੋਵੈ ਸੋਗੁ ਅਨ ਦਿਨੁ ਰਸ ਭੋਗ ਸਾ ਧਨ ਮਹਲਿ ਸਮਾਣੀ॥		Naa Kadhae Hovai Sog Anadhin Ras Bhog Saa Dhhan Mehal Samaanee ||	She shall never suffer - night and day, she enjoys pleasures; that soul-bride merges in the Mansion of her Lord's Presence.	ਨਾਹ ਹੀ ਕਦੇ ਉਸ ਨੂੰ ਕੋਈ ਚਿੰਤਾ ਵਿਆਪਦੀ ਹੈ, ਉਹ ਹਰ ਵੇਲੇ ਪਰਮਾਤਮਾ ਦਾ ਨਾਮ-ਰਸ ਮਾਣਦੀ ਹੈ, ਤੇ ਸਦਾ ਪ੍ਰਭੂ ਦੇ ਚਰਨਾਂ ਵਿਚ ਲੀਨ ਰਹਿੰਦੀ ਹੈ।
25578	582	ਜਿਨਿ ਪ੍ਰਿਉ ਜਾਤਾ ਕਰਮ ਬਿਧਾਤਾ ਬੋਲੇ ਅੰਮ੍ਰਿਤ ਬਾਣੀ॥		Jin Prio Jaathaa Karam Bidhhaathaa Bolae Anmrith Baanee ||	She knows her Beloved, the Architect of karma, and she speaks words of ambrosial sweetness.	ਜਿਸ ਨੇ ਸਿਰਜਣਹਾਰ ਪ੍ਰੀਤਮ-ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ, ਜੋ ਜੀਵਾਂ ਦੇ ਕਰਮਾਂ ਅਨੁਸਾਰ ਪੈਦਾ ਕਰਨ ਵਾਲਾ ਹੈ, ਉਹ ਪ੍ਰਭੂ ਦੀ ਆਤਮਕ ਜੀਵਨ ਦੇਣ ਵਾਲੀ ਬਾਣੀ ਉਚਾਰਦੀ ਹੈ।

25579	582	ਗੁਣਵੰਤੀਆ ਗੁਣ ਸਾਰਹਿ ਅਪਣੇ ਕੰਤ ਸਮਾਲਹਿ ਨਾ ਕਦੇ ਲਗੈ ਵਿਜੋਗੋ॥	ਸਾਰ-ਹਿ ਸਮਾਲ-ਹਿ	Gunavantheeaa Gun Saarehi Apanae Kanth Samaalehi Naa Kadhae Lagai Vijogo ||	The virtuous soul-brides dwell on the Lord's virtues; they keep their Husband Lord in their remembrance, and so they never suffer separation from Him.	ਗੁਣਾਂ ਵਾਲੀਆਂ ਜੀਵ-ਇਸਤ੍ਰੀਆਂ ਪਰਮਾਤਮਾ ਦੇ ਗੁਣ ਚੇਤੇ ਕਰਦੀਆਂ ਰਹਿੰਦੀਆਂ ਹਨ, ਪ੍ਰਭੂ-ਖਸਮ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੀਆਂ ਹਨ, ਉਹਨਾਂ ਨੂੰ ਪਰਮਾਤਮਾ ਨਾਲੋਂ ਕਦੇ ਵਿਛੋੜਾ ਨਹੀਂ ਹੁੰਦਾ।
25580	582	ਸਚੜਾ ਪਿਰੁ ਸਾਲਾਹੀਐ ਸਭੁ ਕਿਛੁ ਕਰਣੈ ਜੋਗੋ॥੧॥		Sacharraa Pir Saalaaheeai Sabh Kishh Karanai Jogo ||1||	So praise your True Husband Lord, who is all-powerful to do all things. ||1||	ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ-ਪਤੀ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ, ਉਹ ਪ੍ਰਭੂ ਸਭ ਕੁਝ ਕਰਨ ਦੀ ਤਾਕਤ ਰੱਖਦਾ ਹੈ ॥੧॥
25581	582	ਸਚੜਾ ਸਾਹਿਬੁ ਸਬਦਿ ਪਛਾਣੀਐ ਆਪੇ ਲਏ ਮਿਲਾਏ॥		Sacharraa Saahib Sabadh Pashhaaneeai Aapae Leae Milaaeae ||	The True Lord and Master is realized through the Word of His Shabad; He blends all with Himself.	ਗੁਰੂ ਦੇ ਸ਼ਬਦ ਵਿਚ ਜੁੜ ਕੇ ਸਦਾ ਕਾਇਮ ਰਹਿਣ ਵਾਲੇ ਮਾਲਕ-ਪ੍ਰਭੂ ਨਾਲ ਸਾਂਝ ਪੈ ਸਕਦੀ ਹੈ, ਪ੍ਰਭੂ ਆਪ ਹੀ (ਜੀਵ ਨੂੰ) ਆਪਣੇ ਨਾਲ ਮਿਲਾ ਲੈਂਦਾ ਹੈ।
25582	582	ਸਾ ਧਨ ਪ੍ਰਿਅ ਕੈ ਰੰਗਿ ਰਤੀ ਵਿਚਹੁ ਆਪੁ ਗਵਾਏ॥		Saa Dhhan Pria Kai Rang Rathee Vichahu Aap Gavaaeae ||	That soul-bride is imbued with the Love of her Husband Lord, who banishes her self-conceit from within.	ਜੇਹੜੀ ਜੀਵ-ਇਸਤ੍ਰੀ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲੈਂਦੀ ਹੈ ਉਹ ਪ੍ਰਭੂ-ਪਤੀ ਦੇ ਪ੍ਰੇਮ-ਰੰਗ ਵਿਚ ਰੰਗੀ ਜਾਂਦੀ ਹੈ।

25583	582	ਵਿਚਹੁ ਆਪੁ ਗਵਾਏ ਫਿਰਿ ਕਾਲੁ ਨ ਖਾਏ ਗੁਰਮੁਖਿ ਏਕੋ ਜਾਤਾ॥		Vichahu Aap Gavaaeae Fir Kaal N Khaaeae Guramukh Eaeko Jaathaa ||	Eradicating her ego from within herself, death shall not consume her again; as Gurmukh, she knows the One Lord God.	ਜੇਹੜੀ ਜੀਵ-ਇਸਤ੍ਰੀ ਆਪਣੇ ਅੰਦਰੋਂ ਆਪਾ-ਭਾਵ ਗਵਾਂਦੀ ਹੈ, ਉਸ ਨੂੰ ਮੁੜ ਕਦੇ ਆਤਮਕ ਮੌਤ ਨਹੀਂ ਵਾਪਰਦੀ ਤੇ ਉਹ ਗੁਰੂ ਦੀ ਸਰਨ ਪੈ ਕੇ ਇਕ ਪਰਮਾਤਮਾ ਨੂੰ ਹੀ ਜਾਣਦੀ ਹੈ।
25584	582	ਕਾਮਣਿ ਇਛ ਪੁੰਨੀ ਅੰਤਰਿ ਭਿੰਨੀ ਮਿਲਿਆ ਜਗਜੀਵਨੁ ਦਾਤਾ॥	ਜੱਗਜੀਵਨੁ	Kaaman Eishh Punnee Anthar Bhinnee Miliaa Jagajeevan Dhaathaa ||	The desire of the soul-bride is fulfilled; deep within herself, she is drenched in His Love. She meets the Great Giver, the Life of the World.	ਉਸ ਜੀਵ-ਇਸਤ੍ਰੀ ਦੀ (ਪ੍ਰਭੂ-ਮਿਲਾਪ ਦੀ) ਇੱਛਾ ਪੂਰੀ ਹੋ ਜਾਂਦੀ ਹੈ, ਉਹ ਅੰਦਰੋਂ (ਨਾਮ-ਰਸ ਨਾਲ) ਭਿੱਜ ਜਾਂਦੀ ਹੈ, ਉਸ ਨੂੰ ਜਗਤ ਦਾ ਜੀਵਨ ਦਾਤਾਰ ਪ੍ਰਭੂ ਮਿਲ ਪੈਂਦਾ ਹੈ।
25585	582	ਸਬਦ ਰੰਗਿ ਰਾਤੀ ਜੋਬਨਿ ਮਾਤੀ ਪਿਰ ਕੈ ਅੰਕਿ ਸਮਾਏ॥	ਰੱਾਤੀ ਮੱਾਤੀ	Sabadh Rang Raathee Joban Maathee Pir Kai Ank Samaaeae ||	Imbued with love for the Shabad, she is like a youth intoxicated; she merges into the very being of her Husband Lord.	ਜੇਹੜੀ (ਜੀਵ-ਇਸਤ੍ਰੀ) ਗੁਰ-ਸ਼ਬਦ ਦੇ ਰੰਗ ਵਿਚ ਰੰਗੀ ਜਾਂਦੀ ਹੈ, ਉਹ ਨਾਮ ਦੀ ਚੜ੍ਹਦੀ ਜਵਾਨੀ ਵਿਚ ਮਸਤ ਰਹਿੰਦੀ ਹੈ, ਉਹ ਪ੍ਰਭੂ-ਪਤੀ ਦੀ ਗੋਦ ਵਿਚ ਲੀਨ ਰਹਿੰਦੀ ਹੈ।
25586	582	ਸਚੜਾ ਸਾਹਿਬੁ ਸਬਦਿ ਪਛਾਣੀਐ ਆਪੇ ਲਏ ਮਿਲਾਏ॥੨॥		Sacharraa Saahib Sabadh Pashhaaneeai Aapae Leae Milaaeae ||2||	The True Lord Master is realized through the Word of His Shabad. He blends all with Himself. ||2||	ਗੁਰੂ ਦੇ ਸ਼ਬਦ ਦੀ ਰਾਹੀਂ ਹੀ ਸਦਾ-ਥਿਰ ਮਾਲਕ-ਪ੍ਰਭੂ ਨਾਲ ਜਾਣ-ਪਛਾਣ ਬਣਦੀ ਹੈ ਤੇ ਪ੍ਰਭੂ ਆਪ ਹੀ ਆਪਣੇ ਨਾਲ ਮਿਲਾ ਲੈਂਦਾ ਹੈ ॥੨॥

25587	582	ਜਿਨੀ ਆਪਣਾ ਕੰਤੁ ਪਛਾਣਿਆ ਹਉ ਤਿਨ ਪੂਛਉ ਸੰਤਾ ਜਾਏ॥		Jinee Aapanaa Kanth Pashhaaniaa Ho Thin Pooshho Santhaa Jaaeae ||	Those who have realized their Husband Lord - I go and ask those Saints about Him.	ਹੇ ਸਖੀ! ਜਿਨ੍ਹਾਂ ਸੰਤ ਜਨਾਂ ਨੇ ਆਪਣੇ ਖਸਮ-ਪ੍ਰਭੂ ਨਾਲ ਸਾਂਝ ਪਾ ਲਈ ਹੈ, ਮੈਂ ਜਾ ਕੇ ਉਹਨਾਂ ਨੂੰ ਪੁੱਛਦੀ ਹਾਂ।
25588	583	ਆਪੁ ਛੋਡਿ ਸੇਵਾ ਕਰੀ ਪਿਰੁ ਸਚੜਾ ਮਿਲੈ ਸਹਜਿ ਸੁਭਾਏ॥		Aap Shhodd Saevaa Karee Pir Sacharraa Milai Sehaj Subhaaeae ||	Renouncing ego, I serve them; thus I meet my True Husband Lord, with intuitive ease.	ਆਪਾ-ਭਾਵ ਤਿਆਗ ਕੇ ਮੈਂ ਉਹਨਾਂ ਦੀ ਸੇਵਾ ਕਰਦੀ ਹਾਂ। ਸਦਾ ਕਾਇਮ ਰਹਿਣ ਵਾਲਾ ਪ੍ਰਭੂ-ਪਤੀ ਆਤਮਕ ਅਡੋਲਤਾ ਵਿਚ ਟਿਕਿਆਂ ਪ੍ਰੇਮ ਵਿਚ ਜੁੜਿਆਂ ਹੀ ਮਿਲਦਾ ਹੈ।
25589	583	ਪਿਰੁ ਸਚਾ ਮਿਲੈ ਆਏ ਸਾਚੁ ਕਮਾਏ ਸਾਚਿ ਸਬਦਿ ਧਨ ਰਾਤੀ॥		Pir Sachaa Milai Aaeae Saach Kamaaeae Saach Sabadh Dhhan Raathee ||	The True Husband Lord comes to meet the soul-bride who practices Truth, and is imbued with the True Word of the Shabad.	ਸਦਾ-ਥਿਰ ਪ੍ਰਭੂ ਆ ਕੇ ਉਸ ਜੀਵ-ਇਸਤ੍ਰੀ ਨੂੰ ਮਿਲ ਪੈਂਦਾ ਹੈ, ਜੇਹੜੀ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦੀ ਹੈ, ਜੇਹੜੀ ਸਦਾ-ਥਿਰ ਹਰਿ-ਨਾਮ ਵਿਚ ਜੁੜੀ ਰਹਿੰਦੀ ਹੈ, ਜੇਹੜੀ ਗੁਰੂ ਦੇ ਸ਼ਬਦ ਵਿਚ ਰੰਗੀ ਰਹਿੰਦੀ ਹੈ।
25590	583	ਕਦੇ ਨ ਰਾਂਡ ਸਦਾ ਸੋਹਾਗਣਿ ਅੰਤਰਿ ਸਹਜ ਸਮਾਧੀ॥		Kadhae N Raandd Sadhaa Sohaagan Anthar Sehaj Samaadhhee ||	She shall never become a widow; she shall always be a happy bride. Deep within herself, she dwells in the celestial bliss of Samaadhi.	ਉਹ (ਜੀਵ-ਇਸਤ੍ਰੀ) ਕਦੇ ਨਿ-ਖਸਮੀ ਨਹੀਂ ਹੁੰਦੀ ਤੇ ਸਦਾ ਸੁਹਾਗ-ਵਾਲੀ ਰਹਿੰਦੀ ਹੈ ਅਤੇ ਉਸ ਦੇ ਅੰਦਰ ਆਤਮਕ ਅਡੋਲਤਾ ਦੀ ਸਮਾਧੀ ਲੱਗੀ ਰਹਿੰਦੀ ਹੈ।

25591	583	ਪਿਰੁ ਰਹਿਆ ਭਰਪੂਰੇ ਵੇਖੁ ਹਦੂਰੇ ਰੰਗੁ ਮਾਣੇ ਸਹਜਿ ਸੁਭਾਏ॥		Pir Rehiaa Bharapoorae Vaekh Hadhoorae Rang Maanae Sehaj Subhaaeae ||	Her Husband Lord is fully pervading everywhere; beholding Him ever-present, she enjoys His Love, with intuitive ease.	ਹੇ ਸਖੀ! ਪ੍ਰਭੂ-ਪਤੀ ਹਰ ਥਾਂ ਮੌਜੂਦ ਹੈ, ਉਸ ਨੂੰ ਤੂੰ ਆਪਣੇ ਅੰਗ-ਸੰਗ ਵੱਸਦਾ ਵੇਖ ਫਿਰ ਆਤਮਕ ਅਡੋਲਤਾ ਵਿਚ ਆਨੰਦ ਮਾਣ।
25592	583	ਜਿਨੀ ਆਪਣਾ ਕੰਤੁ ਪਛਾਣਿਆ ਹਉ ਤਿਨ ਪੂਛਉ ਸੰਤਾ ਜਾਏ॥੩॥		Jinee Aapanaa Kanth Pashhaaniaa Ho Thin Pooshho Santhaa Jaaeae ||3||	Those who have realized their Husband Lord - I go and ask those Saints about Him. ||3||	ਹੇ ਸਖੀ! ਜਿਨ੍ਹਾਂ ਸੰਤ ਜਨਾਂ ਨੇ ਆਪਣੇ ਖਸਮ-ਪ੍ਰਭੂ ਨਾਲ ਸਾਂਝ ਪਾ ਲਈ ਹੈ, ਮੈਂ ਜਾ ਕੇ ਉਹਨਾਂ ਨੂੰ ਪੁੱਛਦੀ ਹਾਂ (ਕਿ ਪ੍ਰਭੂ ਨਾਲ ਮਿਲਾਪ ਕਿਸ ਤਰ੍ਹਾਂ ਹੋ ਸਕਦਾ ਹੈ) ॥੩॥
25593	583	ਪਿਰਹੁ ਵਿਛੁੰਨੀਆ ਭੀ ਮਿਲਹ ਜੇ ਸਤਿਗੁਰ ਲਾਗਹ ਸਾਚੇ ਪਾਏ॥		Pirahu Vishhunneeaa Bhee Mileh Jae Sathigur Laageh Saachae Paaeae ||	The separated ones also meet with their Husband Lord, if they fall at the Feet of the True Guru.	ਅਸੀਂ ਜੀਵ-ਇਸਤ੍ਰੀਆਂ ਪ੍ਰਭੂ-ਪਤੀ ਤੋਂ ਵਿਛੁੜੀਆਂ ਹੋਈਆਂ ਫਿਰ ਭੀ ਉਸ ਨੂੰ ਮਿਲ ਸਕਦੀਆਂ ਹਾਂ ਜੇ ਅਸੀਂ ਸੱਚੇ ਸਤਿਗੁਰੂ ਦੀ ਚਰਨੀਂ ਲੱਗੀਏ।
25594	583	ਸਤਿਗੁਰੁ ਸਦਾ ਦਇਆਲੁ ਹੈ ਅਵਗੁਣ ਸਬਦਿ ਜਲਾਏ॥	ਦ-ਇਆਲੁ	Sathigur Sadhaa Dhaeiaal Hai Avagun Sabadh Jalaaeae ||	The True Guru is forever merciful; through the Word of His Shabad, demerits are burnt away.	ਗੁਰੂ ਸਦਾ ਦਇਆਵਾਨ ਹੈ, ਉਹ (ਸਰਨ ਪਿਆਂ ਦੇ) ਅਵਗਣ (ਆਪਣੇ) ਸ਼ਬਦ ਵਿਚ (ਜੋੜ ਕੇ) ਸਾੜ ਦੇਂਦਾ ਹੈ।

25595	583	ਅਉਗੁਣ ਸਬਦਿ ਜਲਾਏ ਦੂਜਾ ਭਾਉ ਗਵਾਏ ਸਚੇ ਹੀ ਸਚਿ ਰਾਤੀ॥		Aougun Sabadh Jalaaeae Dhoojaa Bhaao Gavaaeae Sachae Hee Sach Raathee ||	Burning away her demerits through the Shabad, the soul-bride eradicates her love of duality, and remains absorbed in the True, True Lord.	(ਹੇ ਸਖੀ!) ਗੁਰੂ ਔਗੁਣ ਸ਼ਬਦ ਦੀ ਰਾਹੀਂ ਸਾੜ ਦੇਂਦਾ ਹੈ, ਮਾਇਆ ਦਾ ਪਿਆਰ ਦੂਰ ਕਰ ਦੇਂਦਾ ਹੈ। (ਗੁਰੂ ਦੀ ਚਰਨੀਂ ਲੱਗੀ ਹੋਈ ਜੀਵ-ਇਸਤ੍ਰੀ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਹੀ ਰੱਤੀ ਰਹਿੰਦੀ ਹੈ।
25596	583	ਸਚੈ ਸਬਦਿ ਸਦਾ ਸੁਖੁ ਪਾਇਆ ਹਉਮੈ ਗਈ ਭਰਾਤੀ॥		Sachai Sabadh Sadhaa Sukh Paaeiaa Houmai Gee Bharaathee ||	Through the True Shabad, everlasting peace is obtained, and egotism and doubt are dispelled.	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਜੁੜ ਕੇ ਉਹ ਸਦਾ ਆਨੰਦ ਮਾਣਦੀ ਹੈ ਤੇ ਉਸ ਦੀ ਹਉਮੈ ਤੇ ਭਟਕਣਾ ਦੂਰ ਹੋ ਜਾਂਦੀ ਹੈ।
25597	583	ਪਿਰੁ ਨਿਰਮਾਇਲੁ ਸਦਾ ਸੁਖਦਾਤਾ ਨਾਨਕ ਸਬਦਿ ਮਿਲਾਏ॥		Pir Niramaaeil Sadhaa Sukhadhaathaa Naanak Sabadh Milaaeae ||	The Immaculate Husband Lord is forever the Giver of peace; O Nanak, through the Word of His Shabad, He is met.	ਹੇ ਨਾਨਕ! ਪ੍ਰਭੂ-ਪਤੀ ਪਵਿਤ੍ਰ ਕਰਨ ਵਾਲਾ ਹੈ, ਸਦਾ ਸੁਖ ਦੇਣ ਵਾਲਾ ਹੈ, (ਗੁਰੂ ਆਪਣੇ) ਸ਼ਬਦ ਦੀ ਰਾਹੀਂ ਉਸ ਨਾਲ ਮਿਲਾ ਦੇਂਦਾ ਹੈ।
25598	583	ਪਿਰਹੁ ਵਿਛੁੰਨੀਆ ਭੀ ਮਿਲਹ ਜੇ ਸਤਿਗੁਰ ਲਾਗਹ ਸਾਚੇ ਪਾਏ॥੪॥੧॥		Pirahu Vishhunneeaa Bhee Mileh Jae Sathigur Laageh Saachae Paaeae ||4||1||	The separated ones also meet with their Husband Lord, if they fall at the feet of the True Guru. ||4||1||	ਅਸੀਂ ਜੀਵ-ਇਸਤ੍ਰੀਆਂ ਪ੍ਰਭੂ-ਪਤੀ ਤੋਂ ਵਿਛੁੜੀਆਂ ਹੋਈਆਂ ਫਿਰ ਭੀ ਉਸ ਨੂੰ ਮਿਲ ਸਕਦੀਆਂ ਹਾਂ, ਜੇ ਅਸੀਂ ਸੱਚੇ ਸਤਿਗੁਰੂ ਦੀ ਚਰਨੀਂ ਲੱਗੀਏ ॥੪॥੧॥

25599	583	ਵਡਹੰਸੁ ਮਹਲਾ ੩॥		Vaddehans Mehalaa 3 ||	Wadahans, Third Mehl:	
25600	583	ਸੁਣਿਅਹੁ ਕੰਤ ਮਹੇਲੀਹੋ ਪਿਰੁ ਸੇਵਿਹੁ ਸਬਦਿ ਵੀਚਾਰਿ॥	(ਮਹੇਲੀਹੋ) ਜੀਵ ਇਸਤ੍ਰੀ	Suniahu Kanth Mehaeleeho Pir Saevihu Sabadh Veechaar ||	Listen, O brides of the Lord: serve your Beloved Husband Lord, and contemplate the Word of His Shabad.	ਹੇ ਪ੍ਰਭੂ-ਪਤੀ ਦੀ ਜੀਵ-ਇਸਤ੍ਰੀਓ! (ਮੇਰੀ ਗੱਲ) ਸੁਣੋ ਤੇ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੇ ਗੁਣਾਂ ਦਾ ਵਿਚਾਰ ਕਰ ਕੇ ਪ੍ਰਭੂ-ਪਤੀ ਦੀ ਸੇਵਾ-ਭਗਤੀ ਕਰਿਆ ਕਰੋ!
25601	583	ਅਵਗਣਵੰਤੀ ਪਿਰੁ ਨ ਜਾਣਈ ਮੁਠੀ ਰੋਵੈ ਕੰਤ ਵਿਸਾਰਿ॥		Avaganavanthee Pir N Jaanee Muthee Rovai Kanth Visaar ||	The worthless bride does not know her Husband Lord - she is deluded; forgetting her Husband Lord, she weeps and wails.	ਔਗੁਣਾਂ ਨਾਲ ਭਰੀ ਹੋਈ ਜੀਵ-ਇਸਤ੍ਰੀ ਪ੍ਰਭੂ-ਪਤੀ ਨਾਲ ਡੂੰਘੀ ਸਾਂਝ ਨਹੀਂ ਪਾਂਦੀ ਤੇ ਪ੍ਰਭੂ-ਪਤੀ ਨੂੰ ਭੁਲਾ ਕੇ ਉਹ ਆਤਮਕ ਜੀਵਨ ਲੁਟਾ ਬੈਠਦੀ ਹੈ ਤੇ ਦੁਖੀ ਹੁੰਦੀ ਹੈ।
25602	583	ਰੋਵੈ ਕੰਤ ਸੰਮਾਲਿ ਸਦਾ ਗੁਣ ਸਾਰਿ ਨਾ ਪਿਰੁ ਮਰੈ ਨ ਜਾਏ॥		Rovai Kanth Sanmaal Sadhaa Gun Saar Naa Pir Marai N Jaaeae ||	She weeps, thinking of her Husband Lord, and she cherishes His virtues; her Husband Lord does not die, and does not leave.	ਪਰ ਜੇਹੜੀ ਜੀਵ-ਇਸਤ੍ਰੀ ਪਤੀ ਨੂੰ ਹਿਰਦੇ ਵਿਚ ਵਸਾ ਕੇ ਪ੍ਰਭੂ ਦੇ ਗੁਣ ਸਦਾ ਚੇਤੇ ਕਰ ਕਰ ਕੇ (ਪ੍ਰਭੂ ਦੇ ਦਰ ਤੇ ਸਦਾ) ਅਰਜ਼ੋਈਆਂ ਕਰਦੀ ਰਹਿੰਦੀ ਹੈ, ਉਸ ਦਾ ਖਸਮ (-ਪ੍ਰਭੂ) ਕਦੇ ਮਰਦਾ ਨਹੀਂ, ਉਸ ਨੂੰ ਕਦੇ ਛੱਡ ਕੇ ਨਹੀਂ ਜਾਂਦਾ।

25603	583	ਗੁਰਮੁਖਿ ਜਾਤਾ ਸਬਦਿ ਪਛਾਤਾ ਸਾਚੈ ਪ੍ਰੇਮਿ ਸਮਾਏ॥		Guramukh Jaathaa Sabadh Pashhaathaa Saachai Praem Samaaeae ||	As Gurmukh, she knows the Lord; through the Word of His Shabad, He is realized; through True Love, she merges with Him.	ਜਿਸ ਨੇ ਗੁਰੂ ਦੀ ਸਰਨ ਪੈ ਕੇ ਸ਼ਬਦ ਦੀ ਰਾਹੀਂ ਪ੍ਰਭੂ ਨਾਲ ਜਾਣ-ਪਛਾਣ ਪਾ ਕਈ ਉਹ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੇ ਪ੍ਰੇਮ ਵਿਚ ਲੀਨ ਰਹਿੰਦੀ ਹੈ।
25604	583	ਜਿਨਿ ਅਪਣਾ ਪਿਰੁ ਨਹੀ ਜਾਤਾ ਕਰਮ ਬਿਧਾਤਾ ਕੂੜਿ ਮੁਠੀ ਕੂੜਿਆਰੇ॥		Jin Apanaa Pir Nehee Jaathaa Karam Bidhhaathaa Koorr Muthee Koorriaarae ||	She who does not know her Husband Lord, the Architect of karma, is deluded by falsehood - she herself is false.	ਜਿਸ ਜੀਵ-ਇਸਤ੍ਰੀ ਨੇ ਆਪਣੇ ਉਸ ਪ੍ਰਭੂ-ਪਤੀ ਨਾਲ ਸਾਂਝ ਨਹੀਂ ਬਣਾਈ ਜੋ ਸਭ ਜੀਵਾਂ ਨੂੰ ਉਹਨਾਂ ਦੇ ਕਰਮਾਂ ਅਨੁਸਾਰ ਪੈਦਾ ਕਰਨ ਵਾਲਾ ਹੈ, ਉਸ ਕੂੜ ਦੀ ਵਣਜਾਰਨ ਨੂੰ ਮਾਇਆ ਦਾ ਮੋਹ ਠੱਗੀ ਰੱਖਦਾ ਹੈ।
25605	583	ਸੁਣਿਅਹੁ ਕੰਤ ਮਹੇਲੀਹੋ ਪਿਰੁ ਸੇਵਿਹੁ ਸਬਦਿ ਵੀਚਾਰੇ॥੧॥		Suniahu Kanth Mehaeleeho Pir Saevihu Sabadh Veechaarae ||1||	Listen, O brides of the Lord: serve your Beloved Husband Lord, and contemplate the Word of His Shabad. ||1||	ਹੇ ਪ੍ਰਭੂ-ਪਤੀ ਦੀ ਜੀਵ-ਇਸਤ੍ਰੀਓ! (ਮੇਰੀ ਗੱਲ) ਸੁਣੋ ਤੇ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੇ ਗੁਣਾਂ ਦਾ ਵਿਚਾਰ ਕਰ ਕੇ ਪ੍ਰਭੂ-ਪਤੀ ਦੀ ਸੇਵਾ-ਭਗਤੀ ਕਰਿਆ ਕਰੋ!॥੧॥
25606	583	ਸਭੁ ਜਗੁ ਆਪਿ ਉਪਾਇਓਨੁ ਆਵਣੁ ਜਾਣੁ ਸੰਸਾਰਾ॥		Sabh Jag Aap Oupaaeioun Aavan Jaan Sansaaraa ||	He Himself created the whole world; the world comes and goes.	ਸਾਰਾ ਜਗਤ ਪਰਮਾਤਮਾ ਨੇ ਆਪ ਬਣਾਇਆ ਹੈ ਤੇ ਜਗਤ ਦਾ ਜਮਣ ਮਰਨਾ ਵੀ ਉਸ ਨੇ ਬਣਾਇਆ ਹੈ।

25607	583	ਮਾਇਆ ਮੋਹੁ ਖੁਆਇਅਨੁ ਮਰਿ ਜੰਮੈ ਵਾਰੋ ਵਾਰਾ॥		Maaeiaa Mohu Khuaaeian Mar Janmai Vaaro Vaaraa ||	The love of Maya has ruined the world; people die, to be re-born, over and over again.	(ਜਗਤ) ਮਾਇਆ ਦਾ ਮੋਹ ਵਿਚ ਭੁਲਾਇਆ ਹੋਇਆ ਹੈ (ਤਾਂਹੀਏਂ) ਮੁੜ ਮੁੜ ਜੰਮਦਾ ਮਰਦਾ ਰਹਿੰਦਾ ਹੈ।
25608	583	ਮਰਿ ਜੰਮੈ ਵਾਰੋ ਵਾਰਾ ਵਧਹਿ ਬਿਕਾਰਾ ਗਿਆਨ ਵਿਹੂਣੀ ਮੂਠੀ॥		Mar Janmai Vaaro Vaaraa Vadhhehi Bikaaraa Giaan Vihoonee Moothee ||	People die to be re-born, over and over again, while their sins increase; without spiritual wisdom, they are deluded.	(ਜਗਤ ਮਾਇਆ ਦੇ ਮੋਹ ਵਿਚ) ਮੁੜ ਮੁੜ ਜੰਮਦਾ ਮਰਦਾ ਰਹਿੰਦਾ ਹੈ ਤੇ ਇਸ ਦੇ ਵਿਕਾਰ ਵਧਦੇ ਰਹਿੰਦੇ ਹਨ ਇੰਜ ਆਤਮਕ ਜੀਵਨ ਦੀ ਸੂਝ ਤੋਂ ਸੱਖਣੀ ਦੁਨੀਆ ਲੁਟੀ ਜਾ ਰਹੀ ਹੈ।
25609	583	ਬਿਨੁ ਸਬਦੈ ਪਿਰੁ ਨ ਪਾਇਓ ਜਨਮੁ ਗਵਾਇਓ ਰੋਵੈ ਅਵਗੁਣਿਆਰੀ ਝੂਠੀ॥		Bin Sabadhai Pir N Paaeiou Janam Gavaaeiou Rovai Avaguniaaree Jhoothee ||	Without the Word of the Shabad, the Husband Lord is not found; the worthless, false bride wastes her life away, weeping and wailing.	ਗੁਰੂ ਦੇ ਸ਼ਬਦ ਤੋਂ ਬਿਨਾ ਜੀਵ-ਇਸਤ੍ਰੀ ਪ੍ਰਭੂ-ਪਤੀ ਦਾ ਮਿਲਾਪ ਪ੍ਰਾਪਤ ਨਹੀਂ ਕਰ ਸਕਦੀ, ਆਪਣਾ ਜਨਮ ਅਜਾਈਂ ਗਵਾ ਲੈਂਦੀ ਹੈ; ਔਗੁਣਾਂ ਨਾਲ ਭਰੀ ਹੋਈ ਤੇ ਝੂਠੇ ਮੋਹ ਵਿਚ ਫਸੀ ਹੋਈ ਦੁਖੀ ਹੁੰਦੀ ਰਹਿੰਦੀ ਹੈ।
25610	583	ਪਿਰੁ ਜਗਜੀਵਨੁ ਕਿਸ ਨੋ ਰੋਈਐ ਰੋਵੈ ਕੰਤੁ ਵਿਸਾਰੇ॥	ਜੱਗਜੀਵਨੁ	Pir Jagajeevan Kis No Roeeai Rovai Kanth Visaarae ||	He is my Beloved Husband Lord, the Life of the World - for whom should I weep? They alone weep, who forget their Husband Lord.	ਪਰ, ਪ੍ਰਭੂ ਆਪ ਹੀ ਜਗਤ ਦਾ ਜੀਵਨ (-ਅਧਾਰ) ਹੈ, ਕਿਸੇ ਦੇ ਆਤਮਕ ਮੌਤ ਮਰਨ ਤੇ ਰੋਣਾ ਭੀ ਕੀਹ ਹੋਇਆ? (ਜੀਵ-ਇਸਤ੍ਰੀ) ਪ੍ਰਭੂ-ਪਤੀ ਨੂੰ ਭੁਲਾ ਕੇ ਦੁਖੀ ਹੁੰਦੀ ਰਹਿੰਦੀ ਹੈ।

25611	583	ਸਭੁ ਜਗੁ ਆਪਿ ਉਪਾਇਓਨੁ ਆਵਣੁ ਜਾਣੁ ਸੰਸਾਰੇ॥੨॥		Sabh Jag Aap Oupaaeioun Aavan Jaan Sansaarae ||2||	He Himself created the whole world; the world comes and goes. ||2||	ਸਾਰੇ ਜਗਤ ਨੂੰ ਪ੍ਰਭੂ ਨੇ ਆਪ ਹੀ ਪੈਦਾ ਕੀਤਾ ਹੈ, ਜਗਤ ਦਾ ਜਨਮ ਮਰਨ (ਭੀ) ਪ੍ਰਭੂ ਨੇ ਆਪ ਹੀ ਬਣਾਇਆ ਹੈ ॥੨॥
25612	583	ਸੋ ਪਿਰੁ ਸਚਾ ਸਦ ਹੀ ਸਾਚਾ ਹੈ ਨਾ ਓਹੁ ਮਰੈ ਨ ਜਾਏ॥		So Pir Sachaa Sadh Hee Saachaa Hai Naa Ouhu Marai N Jaaeae ||	That Husband Lord is True, forever True; He does not die, and He does not leave.	ਉਹ ਪ੍ਰਭੂ-ਪਤੀ ਸਦਾ ਜੀਊਂਦਾ ਹੈ, ਸਦਾ ਹੀ ਜੀਊਂਦਾ ਹੈ, ਉਹ ਨਾਹ ਮਰਦਾ ਹੈ ਨਾਹ ਜੰਮਦਾ ਹੈ।
25613	583	ਭੂਲੀ ਫਿਰੈ ਧਨ ਇਆਣੀਆ ਰੰਡ ਬੈਠੀ ਦੂਜੈ ਭਾਏ॥		Bhoolee Firai Dhhan Eiaaneeaa Randd Baithee Dhoojai Bhaaeae ||	The ignorant soul-bride wanders in delusion; in the love of duality, she sits like a widow.	ਅੰਞਾਣ ਜੀਵ-ਇਸਤ੍ਰੀ ਉਸ ਤੋਂ ਖੁੰਝੀ ਫਿਰਦੀ ਹੈ, ਮਾਇਆ ਦੇ ਮੋਹ ਵਿਚ ਫਸ ਕੇ ਪ੍ਰਭੂ ਤੋਂ ਵਿਛੁੜੀ ਰਹਿੰਦੀ ਹੈ।
25614	583	ਰੰਡ ਬੈਠੀ ਦੂਜੈ ਭਾਏ ਮਾਇਆ ਮੋਹਿ ਦੁਖੁ ਪਾਏ ਆਵ ਘਟੈ ਤਨੁ ਛੀਜੈ॥	(ਆਂਵ) ਉਮਰ	Randd Baithee Dhoojai Bhaaeae Maaeiaa Mohi Dhukh Paaeae Aav Ghattai Than Shheejai ||	She sits like a widow, in the love of duality; through emotional attachment to Maya, she suffers in pain. She is growing old, and her body is withering away.	ਪ੍ਰਭੂ ਤੋਂ ਵਿਛੁੜੀ ਹੋਈ (ਜੀਵ-ਇਸਤ੍ਰੀ) ਮਾਇਆ ਦੇ ਮੋਹ ਵਿਚ ਫਸ ਕੇ ਦੁੱਖ ਸਹਿੰਦੀ ਹੈ, (ਮੋਹ ਵਿਚ) ਉਮਰ ਗੁਜ਼ਰਦੀ ਜਾਂਦੀ ਹੈ ਤੇ ਸਰੀਰ ਕਮਜ਼ੋਰ ਹੁੰਦਾ ਜਾਂਦਾ ਹੈ।

25615	583	ਜੋ ਕਿਛੁ ਆਇਆ ਸਭੁ ਕਿਛੁ ਜਾਸੀ ਦੁਖੁ ਲਾਗਾ ਭਾਇ ਦੂਜੈ॥		Jo Kishh Aaeiaa Sabh Kishh Jaasee Dhukh Laagaa Bhaae Dhoojai ||	Whatever has come, all that shall pass away; through the love of duality, they suffer in pain.	ਜੋ ਕੁਝ ਇਥੇ ਜੰਮਿਆ ਹੈ ਉਹ ਸਭ ਕੁਝ ਨਾਸ ਹੋ ਜਾਂਦਾ ਹੈ, ਪਰ ਮਾਇਆ ਦੇ ਮੋਹ ਦੇ ਕਾਰਨ ਦੁੱਖ ਲਗਦਾ ਹੈ।
25616	583	ਜਮਕਾਲੁ ਨ ਸੂਝੈ ਮਾਇਆ ਜਗੁ ਲੂਝੈ ਲਬਿ ਲੋਭਿ ਚਿਤੁ ਲਾਏ॥		Jamakaal N Soojhai Maaeiaa Jag Loojhai Lab Lobh Chith Laaeae ||	They do not see the Messenger of Death; they long for Maya, and their consciousness is attached to greed.	(ਜੀਵ) ਮਾਇਆ ਦੀ ਖ਼ਾਤਰ ਲੜਦਾ-ਝਗੜਦਾ ਹੈ, ਇਸ ਨੂੰ (ਸਿਰ ਉਤੇ) ਮੌਤ ਨਹੀਂ ਸੁੱਝਦੀ, ਲੱਬ ਵਿਚ ਲੋਭ ਵਿਚ ਚਿੱਤ ਲਾਈ ਰੱਖਦਾ ਹੈ।
25617	583	ਸੋ ਪਿਰੁ ਸਾਚਾ ਸਦ ਹੀ ਸਾਚਾ ਨਾ ਓਹੁ ਮਰੈ ਨ ਜਾਏ॥੩॥		So Pir Saachaa Sadh Hee Saachaa Naa Ouhu Marai N Jaaeae ||3||	That Husband Lord is True, forever True; He does not die, and He does not leave. ||3||	ਉਹ ਪ੍ਰਭੂ-ਪਤੀ ਸਦਾ ਜੀਊਂਦਾ ਹੈ, ਸਦਾ ਹੀ ਜੀਊਂਦਾ ਹੈ, ਉਹ ਨਾਹ ਮਰਦਾ ਹੈ ਨਾਹ ਜੰਮਦਾ ਹੈ ॥੩॥
25618	583	ਇਕਿ ਰੋਵਹਿ ਪਿਰਹਿ ਵਿਛੁੰਨੀਆ ਅੰਧੀ ਨਾ ਜਾਣੈ ਪਿਰੁ ਨਾਲੇ॥		Eik Rovehi Pirehi Vishhunneeaa Andhhee Naa Jaanai Pir Naalae ||	Some weep and wail, separated from their Husband Lord; the blind ones do not know that their Husband is with them.	ਕਈ ਜੀਵ-ਇਸਤ੍ਰੀਆਂ ਐਸੀਆਂ ਹਨ ਜੋ ਪ੍ਰਭੂ-ਪਤੀ ਤੋਂ ਵਿਛੁੜ ਕੇ ਦੁੱਖੀ ਰਹਿੰਦੀਆਂ ਹਨ। ਮਾਇਆ ਦੇ ਮੋਹ ਵਿਚ ਅੰਨ੍ਹੀ ਹੋਈ ਜੀਵ-ਇਸਤ੍ਰੀ ਇਹ ਨਹੀਂ ਸਮਝਦੀ ਕਿ ਪ੍ਰਭੂ-ਪਤੀ ਹਰ ਵੇਲੇ ਨਾਲ ਵੱਸਦਾ ਹੈ।

25619	583	ਗੁਰ ਪਰਸਾਦੀ ਸਾਚਾ ਪਿਰੁ ਮਿਲੈ ਅੰਤਰਿ ਸਦਾ ਸਮਾਲੇ॥		Gur Parasaadhee Saachaa Pir Milai Anthar Sadhaa Samaalae ||	By Guru's Grace, they may meet with their True Husband, and cherish Him always deep within.	ਗੁਰੂ ਦੀ ਕਿਰਪਾ ਨਾਲ ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਸਦਾ ਆਪਣੇ ਹਿਰਦੇ ਵਿਚ ਵਸਾਦੀ ਰੱਖਦੀ ਹੈ, ਉਸ ਨੂੰ ਪ੍ਰਭੂ-ਪਤੀ ਮਿਲ ਪੈਂਦਾ ਹੈ,
25620	583	ਪਿਰੁ ਅੰਤਰਿ ਸਮਾਲੇ ਸਦਾ ਹੈ ਨਾਲੇ ਮਨਮੁਖਿ ਜਾਤਾ ਦੂਰੇ॥		Pir Anthar Samaalae Sadhaa Hai Naalae Manamukh Jaathaa Dhoorae ||	She cherishes her Husband deep within herself - He is always with her; the self-willed manmukhs think that He is far away.	ਐਸੀ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਸਦਾ ਆਪਣੇ ਹਿਰਦੇ ਵਿਚ ਵਸਾਈ ਰੱਖਦੀ ਹੈ ਉਸ ਨੂੰ ਪ੍ਰਭੂ ਸਦਾ ਅੰਗ-ਸੰਗ ਦਿੱਸਦਾ ਹੈ। ਪਰ, ਆਪਣੇ ਮਨ ਦੇ ਪਿੱਛੇ ਤੁਰਨ ਵਾਲੀ (ਜੀਵ-ਇਸਤ੍ਰੀ) ਪ੍ਰਭੂ ਨੂੰ ਦੂਰ ਸਮਝਦੀ ਹੈ।
25621	583	ਇਹੁ ਤਨੁ ਰੁਲੈ ਰੁਲਾਇਆ ਕਾਮਿ ਨ ਆਇਆ ਜਿਨਿ ਖਸਮੁ ਨ ਜਾਤਾ ਹਦੂਰੇ॥		Eihu Than Rulai Rulaaeiaa Kaam N Aaeiaa Jin Khasam N Jaathaa Hadhoorae ||	This body rolls in the dust, and is totally useless; it does not realize the Presence of the Lord and Master.	ਜਿਸ ਜੀਵ-ਇਸਤ੍ਰੀ ਨੇ ਖਸਮ-ਪ੍ਰਭੂ ਨੂੰ ਅੰਗ-ਸੰਗ ਵੱਸਦਾ ਨਾਹ ਸਮਝਿਆ, ਉਸ ਦਾ ਇਹ ਸਰੀਰ (ਵਿਕਾਰਾਂ ਵਿਚ) ਰੁਲਾਇਆ ਫਿਰਦਾ ਹੈ ਤੇ ਕਿਸੇ ਕੰਮ ਨਹੀਂ ਆਉਂਦਾ।
25622	584	ਨਾਨਕ ਸਾ ਧਨ ਮਿਲੈ ਮਿਲਾਈ ਪਿਰੁ ਅੰਤਰਿ ਸਦਾ ਸਮਾਲੇ॥		Naanak Saa Dhhan Milai Milaaee Pir Anthar Sadhaa Samaalae ||	O Nanak, that soul-bride is united in Union; she cherishes her Beloved Husband forever, deep within herself.	ਹੇ ਨਾਨਕ! ਜੇਹੜੀ ਜੀਵ-ਇਸਤ੍ਰੀ (ਗੁਰੂ ਦੀ ਕਿਰਪਾ ਨਾਲ) ਪ੍ਰਭੂ-ਪਤੀ ਨੂੰ ਸਦਾ ਆਪਣੇ ਹਿਰਦੇ ਵਿਚ ਵਸਾਈ ਰੱਖਦੀ ਹੈ, ਉਹ (ਗੁਰੂ ਦੀ) ਮਿਲਾਈ ਹੋਈ ਪ੍ਰਭੂ ਨੂੰ ਮਿਲ ਪੈਂਦੀ ਹੈ।

25623	584	ਇਕਿ ਰੋਵਹਿ ਪਿਰਹਿ ਵਿਛੁੰਨੀਆ ਅੰਧੀ ਨ ਜਾਣੈ ਪਿਰੁ ਹੈ ਨਾਲੇ॥੪॥੨॥		Eik Rovehi Pirehi Vishhunneeaa Andhhee N Jaanai Pir Hai Naalae ||4||2||	Some weep and wail, separated from their Husband Lord; the blind ones do not know that their Husband is with them. ||4||2||	ਕਈ ਜੀਵ-ਇਸਤ੍ਰੀਆਂ ਐਸੀਆਂ ਹਨ ਜੋ ਪ੍ਰਭੂ-ਪਤੀ ਤੋਂ ਵਿਛੁੜ ਕੇ ਦੁੱਖ ਪਾਂਦੀਆਂ ਹਨ। ਮਾਇਆ ਦੇ ਮੋਹ ਵਿਚ ਅੰਨ੍ਹੀ ਹੋ ਚੁਕੀ ਜੀਵ-ਇਸਤ੍ਰੀ ਇਹ ਨਹੀਂ ਸਮਝਦੀ ਕਿ ਪ੍ਰਭੂ-ਪਤੀ ਹਰ ਵੇਲੇ ਨਾਲ ਵੱਸਦਾ ਹੈ ॥੪॥੨॥
25624	584	ਵਡਹੰਸੁ ਮਃ ੩॥		Vaddehans Ma 3 ||	Wadahans, Third Mehl:	
25625	584	ਰੋਵਹਿ ਪਿਰਹਿ ਵਿਛੁੰਨੀਆ ਮੈ ਪਿਰੁ ਸਚੜਾ ਹੈ ਸਦਾ ਨਾਲੇ॥		Rovehi Pirehi Vishhunneeaa Mai Pir Sacharraa Hai Sadhaa Naalae ||	Those who are separated from their Beloved Husband Lord weep and wail, but my True Husband Lord is always with me.	ਪ੍ਰਭੂ-ਪਤੀ ਤੋਂ ਵਿਛੁੜੀਆਂ ਹੋਈਆਂ ਜੀਵ-ਇਸਤ੍ਰੀਆਂ ਸਦਾ ਦੁਖੀ ਰਹਿੰਦੀਆਂ ਹਨ (ਉਹ ਨਹੀਂ ਜਾਣਦੀਆਂ ਕਿ) ਮੇਰਾ ਪ੍ਰਭੂ-ਪਤੀ ਸਦਾ ਜੀਊਂਦਾ-ਜਾਗਦਾ ਹੈ ਤੇ ਸਦਾ (ਸਾਡੇ) ਨਾਲ ਵੱਸਦਾ ਹੈ।
25626	584	ਜਿਨੀ ਚਲਣੁ ਸਹੀ ਜਾਣਿਆ ਸਤਿਗੁਰੁ ਸੇਵਹਿ ਨਾਮੁ ਸਮਾਲੇ॥		Jinee Chalan Sehee Jaaniaa Sathigur Saevehi Naam Samaalae ||	Those who know that they must depart, serve the True Guru, and dwell upon the Naam, the Name of the Lord.	ਜਿਨ੍ਹਾਂ ਜੀਵਾਂ ਨੇ (ਜਗਤ ਤੋਂ ਆਖ਼ਰ) ਚਲੇ ਜਾਣ ਨੂੰ ਠੀਕ ਮੰਨ ਲਿਆ ਹੈ, ਉਹ ਪਰਮਾਤਮਾ ਦਾ ਨਾਮ ਹਿਰਦੇ ਵਿਚ ਵਸਾ ਕੇ ਗੁਰੂ ਦੀ ਦੱਸੀ ਸੇਵਾ ਕਰਦੇ ਹਨ।
25627	584	ਸਦਾ ਨਾਮੁ ਸਮਾਲੇ ਸਤਿਗੁਰੁ ਹੈ ਨਾਲੇ ਸਤਿਗੁਰੁ ਸੇਵਿ ਸੁਖੁ ਪਾਇਆ॥		Sadhaa Naam Samaalae Sathigur Hai Naalae Sathigur Saev Sukh Paaeiaa ||	They dwell constantly upon the Naam, and the True Guru is with them; they serve the True Guru, and so obtain peace.	ਜੇਹੜਾ ਪ੍ਰਭੂ ਦੇ ਨਾਮ ਨੂੰ ਹਿਰਦੇ ਵਿਚ ਸਦਾ ਵਸਾਈ ਰੱਖਦਾ ਹੈ, ਗੁਰੂ ਉਸ ਦੇ ਅੰਗ-ਸੰਗ ਵੱਸਦਾ ਹੈ, ਉਹ ਗੁਰੂ ਦੀ ਦੱਸੀ ਸੇਵਾ ਕਰ ਕੇ ਸੁਖ ਮਾਣਦਾ ਹੈ।

25628	584	ਸਬਦੇ ਕਾਲੁ ਮਾਰਿ ਸਚੁ ਉਰਿ ਧਾਰਿ ਫਿਰਿ ਆਵਣ ਜਾਣੁ ਨ ਹੋਇਆ॥		Sabadhae Kaal Maar Sach Our Dhhaar Fir Aavan Jaan N Hoeiaa ||	Through the Shabad, they kill death, and enshrine the True Lord within their hearts; they shall not have to come and go again.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮੌਤ ਦੇ ਡਰ ਨੂੰ ਦੂਰ ਕਰ ਕੇ ਉਹ ਮਨੁੱਖ ਸਦਾ-ਥਿਰ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਂਦਾ ਹੈ, ਉਸ ਨੂੰ ਮੁੜ ਜਨਮ ਮਰਨ ਦਾ ਗੇੜ ਨਹੀਂ ਵਿਆਪਦਾ।
25629	584	ਸਚਾ ਸਾਹਿਬੁ ਸਚੀ ਨਾਈ ਵੇਖੈ ਨਦਰਿ ਨਿਹਾਲੇ॥		Sachaa Saahib Sachee Naaee Vaekhai Nadhar Nihaalae ||	True is the Lord and Master, and True is His Name; bestowing His Gracious Glance, one is enraptured.	ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੀ ਵਡਿਆਈ ਸਦਾ ਕਾਇਮ ਰਹਿਣ ਵਾਲੀ ਹੈ, ਉਹ ਮੇਹਰ ਦੀ ਨਿਗਾਹ ਕਰ ਕੇ (ਸਭ ਜੀਵਾਂ ਦੀ) ਸੰਭਾਲ ਕਰਦਾ ਹੈ।
25630	584	ਰੋਵਹਿ ਪਿਰਹੁ ਵਿਛੁੰਨੀਆ ਮੈ ਪਿਰੁ ਸਚੜਾ ਹੈ ਸਦਾ ਨਾਲੇ॥੧॥		Rovehi Pirahu Vishhunneeaa Mai Pir Sacharraa Hai Sadhaa Naalae ||1||	Those who are separated from their Beloved Husband Lord weep and wail, but my True Husband Lord is always with me. ||1||	ਪ੍ਰਭੂ-ਪਤੀ ਤੋਂ ਵਿਛੁੜੀਆਂ ਹੋਈਆਂ ਜੀਵ-ਇਸਤ੍ਰੀਆਂ ਸਦਾ ਦੁਖੀ ਰਹਿੰਦੀਆਂ ਹਨ (ਉਹ ਨਹੀਂ ਜਾਣਦੀਆਂ ਕਿ) ਮੇਰਾ ਪ੍ਰਭੂ-ਪਤੀ ਸਦਾ ਜੀਉਂਦਾ-ਜਾਗਦਾ ਹੈ ਤੇ ਸਦਾ (ਸਾਡੇ) ਨਾਲ ਵੱਸਦਾ ਹੈ ॥੧॥
25631	584	ਪ੍ਰਭੁ ਮੇਰਾ ਸਾਹਿਬੁ ਸਭ ਦੂ ਊਚਾ ਹੈ ਕਿਵ ਮਿਲਾਂ ਪ੍ਰੀਤਮ ਪਿਆਰੇ॥		Prabh Maeraa Saahib Sabh Dhoo Oochaa Hai Kiv Milaan Preetham Piaarae ||	God, my Lord and Master, is the highest of all; how can I meet my Dear Beloved?	ਮੇਰਾ ਮਾਲਕ-ਪ੍ਰਭੂ ਸਭਨਾਂ ਨਾਲੋਂ ਉੱਚਾ ਹੈ, ਮੈਂ (ਜੀਵ-ਇਸਤ੍ਰੀ) ਉਸ ਪਿਆਰੇ ਪ੍ਰੀਤਮ ਨੂੰ ਕਿਵੇਂ ਮਿਲ ਸਕਦੀ ਹਾਂ?

25632	584	ਸਤਿਗੁਰਿ ਮੇਲੀ ਤਾਂ ਸਹਜਿ ਮਿਲੀ ਪਿਰੁ ਰਾਖਿਆ ਉਰ ਧਾਰੇ॥		Sathigur Maelee Thaan Sehaj Milee Pir Raakhiaa Our Dhhaarae ||	When the True Guru united me, then I was naturally united with my Husband Lord, and now, I keep Him clasped to my heart.	ਜਦੋਂ ਗੁਰੂ ਨੇ (ਜੀਵ-ਇਸਤ੍ਰੀ ਨੂੰ ਪ੍ਰਭੂ ਵਿਚ) ਮਿਲਾਇਆ, ਤਾਂ ਆਤਮਕ ਅਡੋਲਤਾ ਵਿਚ ਪ੍ਰਭੂ ਨਾਲ ਮਿਲ ਗਈ ਤੇ ਫਿਰ ਪ੍ਰਭੂ-ਪਤੀ ਨੂੰ ਆਪਣੇ ਹਿਰਦੇ ਵਿਚ ਵਸਾ ਲਿਆ।
25633	584	ਸਦਾ ਉਰ ਧਾਰੇ ਨੇਹੁ ਨਾਲਿ ਪਿਆਰੇ ਸਤਿਗੁਰ ਤੇ ਪਿਰੁ ਦਿਸੈ॥		Sadhaa Our Dhhaarae Naehu Naal Piaarae Sathigur Thae Pir Dhisai ||	I constantly, lovingly cherish my Beloved within my heart; through the True Guru, I see my Beloved.	ਫਿਰ ਜੀਵ-ਇਸਤ੍ਰੀ ਪ੍ਰਭੂ ਨੂੰ ਸਦਾ ਆਪਣੇ ਹਿਰਦੇ ਵਿਚ ਵਸਾਈ ਰੱਖਦੀ ਹੈ ਉਹ ਸਦਾ ਪਿਆਰੇ ਪ੍ਰਭੂ ਨਾਲ ਪਿਆਰ ਬਣਾਈ ਰੱਖਦੀ ਹੈ। ਗੁਰੂ ਦੀ ਰਾਹੀਂ ਹੀ ਪ੍ਰਭੂ-ਪਤੀ ਦਾ ਦਰਸਨ ਹੁੰਦਾ ਹੈ।
25634	584	ਮਾਇਆ ਮੋਹ ਕਾ ਕਚਾ ਚੋਲਾ ਤਿਤੁ ਪੈਧੈ ਪਗੁ ਖਿਸੈ॥	ਪਗੁ:ਪੋਲਾ ਬੋਲੋ	Maaeiaa Moh Kaa Kachaa Cholaa Thith Paidhhai Pag Khisai ||	The cloak of Maya's love is false; wearing it, one slips and loses his footing.	ਮਾਇਆ ਦਾ ਮੋਹ, ਮਾਨੋ ਕੱਚੇ ਰੰਗ ਵਾਲਾ ਚੋਲਾ ਹੈ, ਜੇ ਇਹ ਚੋਲਾ ਪਹਿਨੀ ਰੱਖੀਏ, (ਆਤਮਕ ਜੀਵਨ ਦੇ ਪੈਂਡੇ ਵਿਚ ਮਨੁੱਖ ਦਾ) ਪੈਰ ਡੋਲਦਾ ਹੀ ਰਹਿੰਦਾ ਹੈ।
25635	584	ਪਿਰ ਰੰਗਿ ਰਾਤਾ ਸੋ ਸਚਾ ਚੋਲਾ ਤਿਤੁ ਪੈਧੈ ਤਿਖਾ ਨਿਵਾਰੇ॥		Pir Rang Raathaa So Sachaa Cholaa Thith Paidhhai Thikhaa Nivaarae ||	That cloak is true, which is dyed in the color of the Love of my Beloved; wearing it, my inner thirst is quenched.	ਪ੍ਰਭੂ-ਪਤੀ ਦੇ ਪ੍ਰੇਮ-ਰੰਗ ਵਿਚ ਰੰਗਿਆ ਹੋਇਆ ਚੋਲਾ ਪੱਕੇ ਰੰਗ ਵਾਲਾ ਹੈ, ਜੇ ਇਹ ਚੋਲਾ ਪਹਿਨ ਲਈਏ, ਤਾਂ (ਪ੍ਰਭੂ ਦਾ ਪਿਆਰ ਮਨੁੱਖ ਦੇ ਹਿਰਦੇ ਵਿਚੋਂ ਮਾਇਆ ਦੀ) ਤ੍ਰਿਸ਼ਨਾ ਦੂਰ ਕਰ ਦੇਂਦਾ ਹੈ।

25636	584	ਪ੍ਰਭੁ ਮੇਰਾ ਸਾਹਿਬੁ ਸਭ ਦੂ ਊਚਾ ਹੈ ਕਿਉ ਮਿਲਾ ਪ੍ਰੀਤਮ ਪਿਆਰੇ॥੨॥		Prabh Maeraa Saahib Sabh Dhoo Oochaa Hai Kio Milaa Preetham Piaarae ||2||	God, my Lord and Master, is the highest of all; how can I meet my Dear Beloved? ||2||	ਮੇਰਾ ਮਾਲਕ-ਪ੍ਰਭੂ ਸਭਨਾਂ ਨਾਲੋਂ ਉੱਚਾ ਹੈ ਮੈਂ (ਜੀਵ-ਇਸਤ੍ਰੀ) ਉਸ ਪਿਆਰੇ ਪ੍ਰੀਤਮ ਨੂੰ ਕਿਵੇਂ ਮਿਲ ਸਕਦੀ ਹਾਂ? ॥੨॥
25637	584	ਮੈ ਪ੍ਰਭੁ ਸਚੁ ਪਛਾਣਿਆ ਹੋਰ ਭੂਲੀ ਅਵਗਣਿਆਰੇ॥		Mai Prabh Sach Pashhaaniaa Hor Bhoolee Avaganiaarae ||	I have realized my True Lord God, while the other worthless ones have gone astray.	(ਗੁਰੂ ਦੀ ਮੇਹਰ ਨਾਲ) ਮੈਂ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ ਸਾਂਝ ਪਾ ਲਈ। ਹੋਰ ਔਗੁਣਾਂ ਕਾਰਨ ਪ੍ਰਭੂ-ਚਰਨਾਂ ਤੋਂ ਖੁੰਝੀਆਂ ਰਹੀਆਂ।
25638	584	ਮੈ ਸਦਾ ਰਾਵੇ ਪਿਰੁ ਆਪਣਾ ਸਚੜੈ ਸਬਦਿ ਵੀਚਾਰੇ॥		Mai Sadhaa Raavae Pir Aapanaa Sacharrai Sabadh Veechaarae ||	I dwell constantly upon my Beloved Husband Lord, and reflect upon the True Word of the Shabad.	ਗੁਰੂ ਦੇ ਸ਼ਬਦ ਦੀ ਰਾਹੀਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਕਰਨ ਕਰਕੇ ਮੇਰਾ ਪ੍ਰਭੂ-ਪਤੀ ਮੈਨੂੰ ਸਦਾ ਆਪਣੇ ਚਰਨਾਂ ਵਿਚ ਜੋੜੀ ਰੱਖਦਾ ਹੈ।
25639	584	ਸਚੈ ਸਬਦਿ ਵੀਚਾਰੇ ਰੰਗਿ ਰਾਤੀ ਨਾਰੇ ਮਿਲਿ ਸਤਿਗੁਰ ਪ੍ਰੀਤਮੁ ਪਾਇਆ॥		Sachai Sabadh Veechaarae Rang Raathee Naarae Mil Sathigur Preetham Paaeiaa ||	The bride reflects upon the True Shabad, and is imbued with His Love; she meets with the True Guru, and finds her Beloved.	ਜੇਹੜੀ (ਜੀਵ-ਇਸਤ੍ਰੀ) ਗੁਰੂ ਦੇ ਸ਼ਬਦ ਦੀ ਰਾਹੀਂ ਸਦਾ-ਥਿਰ ਪ੍ਰਭੂ ਦੇ ਗੁਣਾਂ ਦੀ ਵਿਚਾਰ ਆਪਣੇ ਮਨ ਵਿਚ ਵਸਾਂਦੀ ਹੈ ਤੇ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਜਾਂਦੀ ਹੈ, ਉਹ ਪ੍ਰੀਤਮ-ਪ੍ਰਭੂ ਨੂੰ (ਆਪਣੇ ਅੰਦਰ ਹੀ) ਲੱਭ ਲੈਂਦੀ ਹੈ,

25640	584	ਅੰਤਰਿ ਰੰਗਿ ਰਾਤੀ ਸਹਜੇ ਮਾਤੀ ਗਇਆ ਦੁਸਮਨੁ ਦੂਖੁ ਸਬਾਇਆ॥	ਗ-ਇਆ	Anthar Rang Raathee Sehajae Maathee Gaeiaa Dhusaman Dhookh Sabaaeiaa ||	Deep within, she is imbued with His Love, and intoxicated with delight; her enemies and sufferings are all taken away.	ਉਹ ਆਪਣੇ ਅੰਤਰ ਆਤਮੇ ਪਰਮਾਤਮਾ ਦੇ ਪਿਆਰ-ਰੰਗ ਵਿਚ ਰੰਗੀ ਰਹਿੰਦੀ ਹੈ, ਉਹ ਸਦਾ ਆਤਮਕ ਅਡੋਲਤਾ ਵਿਚ ਮਸਤ ਰਹਿੰਦੀ ਹੈ, (ਵਿਕਾਰ ਆਦਿਕ ਉਸ ਦਾ) ਹਰੇਕ ਵੈਰੀ ਤੇ ਦੁੱਖ ਦੂਰ ਹੋ ਜਾਂਦਾ ਹੈ।
25641	584	ਅਪਨੇ ਗੁਰ ਕੰਉ ਤਨੁ ਮਨੁ ਦੀਜੈ ਤਾਂ ਮਨੁ ਭੀਜੈ ਤ੍ਰਿਸਨਾ ਦੂਖ ਨਿਵਾਰੇ॥		Apanae Gur Kano Than Man Dheejai Thaan Man Bheejai Thrisanaa Dhookh Nivaarae ||	Surrender body and soul to your Guru, and then you shall become happy; your thirst and pain shall be taken away.	ਜੇ ਸਰੀਰ ਤੇ ਮਨ ਆਪਣੇ ਗੁਰੂ ਦੇ ਹਵਾਲੇ ਕਰ ਦੇਈਏ ਤਾਂ ਮਨ (ਹਰਿ-ਨਾਮ-ਰਸ ਨਾਲ) ਰਸ ਜਾਂਦਾ ਹੈ ਤੇ ਤ੍ਰਿਸ਼ਨਾ ਆਦਿਕ ਦੇ ਦੁੱਖ ਦੂਰ ਹੋ ਜਾਂਦੇ ਹਨ।
25642	584	ਮੈ ਪਿਰੁ ਸਚੁ ਪਛਾਣਿਆ ਹੋਰ ਭੂਲੀ ਅਵਗਣਿਆਰੇ॥੩॥		Mai Pir Sach Pashhaaniaa Hor Bhoolee Avaganiaarae ||3||	I have realized my True Lord God, while the other worthless ones have gone astray. ||3||	(ਗੁਰੂ ਦੀ ਮੇਹਰ ਨਾਲ) ਮੈਂ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ ਸਾਂਝ ਪਾ ਲਈ। ਹੋਰ ਔਗੁਣਾਂ ਕਾਰਨ ਪ੍ਰਭੂ-ਚਰਨਾਂ ਤੋਂ ਖੁੰਝੀਆਂ ਰਹੀਆਂ ॥੩॥
25643	584	ਸਚੜੈ ਆਪਿ ਜਗਤੁ ਉਪਾਇਆ ਗੁਰ ਬਿਨੁ ਘੋਰ ਅੰਧਾਰੋ॥	ਜੱਗਤੁ	Sacharrai Aap Jagath Oupaaeiaa Gur Bin Ghor Andhhaaro ||	The True Lord Himself created the world; without the Guru, there is only pitch darkness.	ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੇ ਆਪ ਇਹ ਜਗਤ ਪੈਦਾ ਕੀਤਾ ਹੈ, ਪਰ ਗੁਰੂ ਦੀ ਸਰਨ ਪੈਣ ਤੋਂ ਬਿਨਾ ਜੀਵ ਨੂੰ (ਆਤਮਕ ਜੀਵਨ ਵਲੋਂ) ਘੁੱਪ ਹਨੇਰਾ ਰਹਿੰਦਾ ਹੈ।

25644	584	ਆਪਿ ਮਿਲਾਏ ਆਪਿ ਮਿਲੈ ਆਪੇ ਦੇਇ ਪਿਆਰੋ॥	ਦੇ-ਇ	Aap Milaaeae Aap Milai Aapae Dhaee Piaaro ||	He Himself unites, and causes us to unite with Him; He Himself blesses us with His Love.	(ਗੁਰੂ ਦੀ ਸਰਨ ਪਾ ਕੇ) ਪਰਮਾਤਮਾ ਆਪ ਹੀ (ਜੀਵ ਨੂੰ ਆਪਣੇ ਨਾਲ) ਮਿਲਾਂਦਾ ਹੈ, ਆਪ (ਹੀ ਜੀਵ ਨੂੰ) ਮਿਲਦਾ ਹੈ, ਆਪ ਹੀ (ਆਪਣੇ ਚਰਨਾਂ ਦਾ) ਪਿਆਰ ਬਖ਼ਸ਼ਦਾ ਹੈ।
25645	584	ਆਪੇ ਦੇਇ ਪਿਆਰੋ ਸਹਜਿ ਵਾਪਾਰੋ ਗੁਰਮੁਖਿ ਜਨਮੁ ਸਵਾਰੇ॥		Aapae Dhaee Piaaro Sehaj Vaapaaro Guramukh Janam Savaarae ||	He Himself blesses us with His Love, and deals in celestial peace; the life of the Gurmukh is reformed.	ਪ੍ਰਭੂ ਆਪ ਹੀ (ਆਪਣਾ) ਪਿਆਰ ਦੇਂਦਾ ਹੈ, (ਜੀਵ ਨੂੰ) ਆਤਮਕ ਅਡੋਲਤਾ ਵਿਚ ਟਿਕਾ ਕੇ (ਆਪਣੇ ਨਾਮ ਦਾ) ਵਪਾਰ ਕਰਾਂਦਾ ਹੈ, ਤੇ ਗੁਰੂ ਦੀ ਸਰਨ ਪਾ ਕੇ (ਜੀਵ ਦਾ) ਜਨਮ ਸੰਵਾਰਦਾ ਹੈ।
25646	584	ਧਨੁ ਜਗ ਮਹਿ ਆਇਆ ਆਪੁ ਗਵਾਇਆ ਦਰਿ ਸਾਚੈ ਸਚਿਆਰੋ॥	ਜੱਗ	Dhhan Jag Mehi Aaeiaa Aap Gavaaeiaa Dhar Saachai Sachiaaro ||	Blessed is his coming into the world; he banishes his self-conceit, and is acclaimed as true in the Court of the True Lord.	ਉਹ ਧੰਨ ਹੈ ਜੋ ਇਸ ਜਗਤ ਵਿਚ ਆ ਕੇ (ਪ੍ਰਭੂ ਨਾਲੋਂ) ਆਪਾ-ਭਾਵ ਦੂਰ ਕਰਦਾ ਹੈ, ਉਸ ਦਾ ਜਗਤ ਵਿਚ ਆਉਣਾ ਸਫਲ ਹੋ ਜਾਂਦਾ ਹੈ, ਉਹ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਦਰ ਤੇ ਸੁਰਖ਼-ਰੂ ਹੋ ਜਾਂਦਾ ਹੈ।
25647	584	ਗਿਆਨਿ ਰਤਨਿ ਘਟਿ ਚਾਨਣੁ ਹੋਆ ਨਾਨਕ ਨਾਮ ਪਿਆਰੋ॥		Giaan Rathan Ghatt Chaanan Hoaa Naanak Naam Piaaro ||	The light of the jewel of spiritual wisdom shines within his heart, O Nanak, and he loves the Naam, the Name of the Lord.	ਹੇ ਨਾਨਕ! (ਗੁਰੂ ਤੋਂ ਮਿਲੇ) ਗਿਆਨ-ਰਤਨ ਦੀ ਬਰਕਤਿ ਨਾਲ ਜੀਵ ਦੇ ਹਿਰਦੇ ਵਿਚ (ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ ਤੇ ਹਰਿ-ਨਾਮ ਪਿਆਰਾ ਲਗਣ ਲਗ ਪੈਂਦਾ ਹੈ।

25648	584	ਸਚਰੈ ਆਪਿ ਜਗਤੁ ਉਪਾਇਆ ਗੁਰ ਬਿਨੁ ਘੋਰ ਅੰਧਾਰੋ॥੪॥੩॥		Sacharrai Aap Jagath Oupaaeiaa Gur Bin Ghor Andhhaaro ||4||3||	The True Lord Himself created the world; without the Guru, there is only pitch darkness. ||4||3||	ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੇ ਆਪ ਇਹ ਜਗਤ ਪੈਦਾ ਕੀਤਾ ਹੈ, ਪਰ ਗੁਰੂ ਦੀ ਸਰਨ ਪੈਣ ਤੋਂ ਬਿਨਾ ਜੀਵ ਨੂੰ (ਆਤਮਕ ਜੀਵਨ ਵਲੋਂ) ਘੁੱਪ ਹਨੇਰਾ ਰਹਿੰਦਾ ਹੈ ॥੪॥੩॥
25649	584	ਵਡਹੰਸੁ ਮਹਲਾ ੩॥		Vaddehans Mehalaa 3 ||	Wadahans, Third Mehl:	
25650	584	ਇਹੁ ਸਰੀਰੁ ਜਜਰੀ ਹੈ ਇਸ ਨੋ ਜਰੁ ਪਹੁਚੈ ਆਏ॥	(ਜਜਰੀ)ਨਾਸਵੰਤ। ਜਰੁ ਬੁਢੇਪਾ	Eihu Sareer Jajaree Hai Eis No Jar Pahuchai Aaeae ||	This body is frail; old age is overtaking it.	ਇਹ ਸਰੀਰ ਨਾਸ ਹੋ ਜਾਣ ਵਾਲਾ ਹੈ, ਇਸ ਨੂੰ ਬੁਢੇਪਾ ਆ ਦਬਾਂਦਾ ਹੈ।
25651	584	ਗੁਰਿ ਰਾਖੇ ਸੇ ਉਬਰੇ ਹੋਰੁ ਮਰਿ ਜੰਮੈ ਆਵੈ ਜਾਏ॥		Gur Raakhae Sae Oubarae Hor Mar Janmai Aavai Jaaeae ||	Those who are protected by the Guru are saved, while others die, to be reincarnated; they continue coming and going.	ਜਿਨ੍ਹਾਂ ਦੀ ਗੁਰੂ ਨੇ ਰੱਖਿਆ ਕੀਤੀ, ਉਹ (ਮੋਹ ਵਿਚ ਗ਼ਰਕ ਹੋਣ ਤੋਂ) ਬਚ ਜਾਂਦੇ ਹਨ ਪਰ ਹੋਰ ਜਮਦੇ ਤੇ ਮਰਦੇ ਹਨ।

25652	584	ਹੋਰਿ ਮਰਿ ਜੰਮਹਿ ਆਵਹਿ ਜਾਵਹਿ ਅੰਤਿ ਗਏ ਪਛੁਤਾਵਹਿ ਬਿਨੁ ਨਾਵੈ ਸੁਖੁ ਨ ਹੋਈ॥		Hor Mar Janmehi Aavehi Jaavehi Anth Geae Pashhuthaavehi Bin Naavai Sukh N Hoee ||	Others die, to be reincarnated; they continue coming and going, and in the end, they depart regretfully. Without the Name, there is no peace.	ਹੋਰ ਜਮਦੇ ਤੇ ਮਰਦੇ ਹਨ ਤੇ ਅੰਤ (ਮਰਨ) ਵੇਲੇ ਪਛਤਾਂਦੇ ਹਨ; ਹਰਿ-ਨਾਮ ਤੋਂ ਬਿਨਾ ਆਤਮਕ-ਜੀਵਨ ਦਾ ਸੁੱਖ ਨਹੀਂ ਮਿਲਦਾ।
25653	584	ਐਥੈ ਕਮਾਵੈ ਸੋ ਫਲੁ ਪਾਵੈ ਮਨਮੁਖਿ ਹੈ ਪਤਿ ਖੋਈ॥		Aithhai Kamaavai So Fal Paavai Manamukh Hai Path Khoee ||	As one acts here, so does he obtain his rewards; the self-willed manmukh loses his honor.	ਇਸ ਲੋਕ ਵਿਚ ਜੀਵ ਜੇਹੜੀ ਕਰਣੀ ਕਮਾਂਦਾ ਹੈ ਉਹੀ ਫਲ ਭੋਗਦਾ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ (ਪ੍ਰਭੂ-ਦਰਬਾਰ ਵਿਚ) ਆਪਣੀ ਇੱਜ਼ਤ ਗਵਾ ਲੈਂਦਾ ਹੈ।
25654	584	ਜਮਪੁਰਿ ਘੋਰ ਅੰਧਾਰੁ ਮਹਾ ਗੁਬਾਰੁ ਨਾ ਤਿਥੈ ਭੈਣ ਨ ਭਾਈ॥		Jam Pur Ghor Andhhaar Mehaa Gubaar Naa Thithhai Bhain N Bhaaee ||	In the City of Death, there is pitch darkness, and huge clouds of dust; neither sister nor brother is there.	(ਉਨ੍ਹਾਂ ਲਈ) ਜਮ ਰਾਜ ਦੀ ਪੁਰੀ ਵਿਚ ਵੀ ਘੁੱਪ ਹਨੇਰਾ, ਬਹੁਤ ਹਨੇਰਾ ਹੀ ਬਣਿਆ ਰਹਿੰਦਾ ਹੈ, ਉਥੇ ਭੈਣ ਜਾਂ ਭਰਾ ਕੋਈ ਸਹਾਇਤਾ ਨਹੀਂ ਕਰ ਸਕਦਾ।
25655	584	ਇਹੁ ਸਰੀਰੁ ਜਜਰੀ ਹੈ ਇਸ ਨੋ ਜਰੁ ਪਹੁਚੈ ਆਈ॥੧॥		Eihu Sareer Jajaree Hai Eis No Jar Pahuchai Aaee ||1||	This body is frail; old age is overtaking it. ||1||	ਇਹ ਸਰੀਰ ਪੁਰਾਣਾ ਹੋ ਜਾਣ ਵਾਲਾ ਹੈ, ਇਸ ਨੂੰ ਬੁਢੇਪਾ (ਜ਼ਰੂਰ) ਆ ਜਾਂਦਾ ਹੈ ॥੧॥

25656	584	ਕਾਇਆ ਕੰਚਨੁ ਤਾਂ ਥੀਐ ਜਾਂ ਸਤਿਗੁਰੁ ਲਏ ਮਿਲਾਏ॥		Kaaeiaa Kanchan Thaan Thheeai Jaan Sathigur Leae Milaaeae ||	The body becomes like gold, when the True Guru unites one with Himself.	ਇਹ ਸਰੀਰ ਤਦੋਂ ਸੋਨੇ ਵਾਂਗ ਪਵਿਤ੍ਰ ਹੁੰਦਾ ਹੈ, ਜਦੋਂ ਗੁਰੂ (ਮਨੁੱਖ ਨੂੰ) ਪਰਮਾਤਮਾ ਦੇ ਚਰਨਾਂ ਵਿਚ ਜੋੜ ਦੇਂਦਾ ਹੈ।
25657	585	ਭ੍ਰਮੁ ਮਾਇਆ ਵਿਚਹੁ ਕਟੀਐ ਸਚੜੈ ਨਾਮਿ ਸਮਾਏ॥		Bhram Maaeiaa Vichahu Katteeai Sacharrai Naam Samaaeae ||	Doubt and Maya have been removed from within me, and I am merged in the Naam, the True Name of the Lord.	(ਤਦੋਂ ਮਨੁੱਖ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਲੀਨ ਹੋ ਜਾਂਦਾ ਹੈ ਤੇ ਇਸ ਦੇ ਅੰਦਰੋਂ ਮਾਇਆ ਦੀ ਖ਼ਾਤਰ ਭਟਕਣਾ ਦੂਰ ਹੋ ਜਾਂਦੀ ਹੈ।
25658	585	ਸਚੈ ਨਾਮਿ ਸਮਾਏ ਹਰਿ ਗੁਣ ਗਾਏ ਮਿਲਿ ਪ੍ਰੀਤਮ ਸੁਖੁ ਪਾਏ॥		Sachai Naam Samaaeae Har Gun Gaaeae Mil Preetham Sukh Paaeae ||	Merged in the True Name of the Lord, I sing the Glorious Praises of the Lord; meeting my Beloved, I have found peace.	ਮਨੁੱਖ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਲੀਨ ਹੋ ਜਾਂਦਾ ਹੈ, ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਪ੍ਰਭੂ-ਪ੍ਰੀਤਮ ਨੂੰ ਮਿਲ ਕੇ ਆਨੰਦ ਮਾਣਦਾ ਹੈ।
25659	585	ਸਦਾ ਅਨੰਦਿ ਰਹੈ ਦਿਨੁ ਰਾਤੀ ਵਿਚਹੁ ਹੰਉਮੈ ਜਾਏ॥	ਅ-ਨੰਦਿ	Sadhaa Anandh Rehai Dhin Raathee Vichahu Hanoumai Jaaeae ||	I am in constant bliss, day and night; egotism has been dispelled from within me.	ਇਸ ਆਨੰਦ ਵਿਚ ਦਿਨ ਰਾਤ ਸਦਾ ਟਿਕਿਆ ਰਹਿੰਦਾ ਹੈ, ਤੇ, ਇਸ ਦੇ ਅੰਦਰੋਂ ਹਉਮੈ ਦੂਰ ਹੋ ਜਾਂਦੀ ਹੈ।

25660	585	ਜਿਨੀ ਪੁਰਖੀ ਹਰਿ ਨਾਮਿ ਚਿਤੁ ਲਾਇਆ ਤਿਨ ਕੈ ਹੰਉ ਲਾਗਉ ਪਾਏ॥		Jinee Purakhee Har Naam Chith Laaeiaa Thin Kai Hano Laago Paaeae ||	I fall at the feet of those who enshrine the Naam within their consciousness.	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦੇ ਨਾਮ ਵਿਚ ਚਿੱਤ ਜੋੜਿਆ ਹੋਇਆ ਹੈ, ਮੈਂ ਉਹਨਾਂ ਦੀ ਚਰਨੀਂ ਲੱਗਦਾ ਹਾਂ।
25661	585	ਕਾਂਇਆ ਕੰਚਨੁ ਤਾਂ ਥੀਐ ਜਾ ਸਤਿਗੁਰੁ ਲਏ ਮਿਲਾਏ॥੨॥		Kaaneiaa Kanchan Thaan Thheeai Jaa Sathigur Leae Milaaeae ||2||	The body becomes like gold, when the True Guru unites one with Himself. ||2||	ਸਰੀਰ ਤਦੋਂ ਸੋਨੇ ਵਾਂਗ ਪਵਿਤ੍ਰ ਹੋ ਜਾਂਦਾ ਹੈ, ਜਦੋਂ ਗੁਰੂ ਮਨੁੱਖ ਨੂੰ ਪਰਮਾਤਮਾ ਦੇ ਚਰਨਾਂ ਵਿਚ ਜੋੜ ਦੇਂਦਾ ਹੈ ॥੨॥
25662	585	ਸੋ ਸਚਾ ਸਚੁ ਸਲਾਹੀਐ ਜੇ ਸਤਿਗੁਰੁ ਦੇਇ ਬੁਝਾਏ॥	ਬੁੱਝਾਏ	So Sachaa Sach Salaaheeai Jae Sathigur Dhaee Bujhaaeae ||	We truly praise the True Lord, when the True Guru imparts understanding.	ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਤਦੋਂ ਹੀ ਕੀਤੀ ਜਾ ਸਕਦੀ ਹੈ, ਜਦੋਂ ਗੁਰੂ ਇਹ ਸੂਝ ਦੇਂਦਾ ਹੈ।
25663	585	ਬਿਨੁ ਸਤਿਗੁਰ ਭਰਮਿ ਭੁਲਾਣੀਆ ਕਿਆ ਮੁਹੁ ਦੇਸਨਿ ਆਗੈ ਜਾਏ॥		Bin Sathigur Bharam Bhulaaneeaa Kiaa Muhu Dhaesan Aagai Jaaeae ||	Without the True Guru, they are deluded by doubt; going to the world hereafter, what face will they display?	ਗੁਰੂ ਦੀ ਸਰਨ ਤੋਂ ਬਿਨਾ (ਜੀਵ-ਇਸਤ੍ਰੀਆਂ) ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਪੈ ਜਾਂਦੀਆਂ ਹਨ ਤੇ ਪਰਲੋਕ ਵਿਚ ਜਾ ਕੇ ਸ਼ਰਮ-ਸਾਰ ਹੁੰਦੀਆਂ ਹਨ।

25664	585	ਕਿਆ ਦੇਨਿ ਮੁਹੁ ਜਾਏ ਅਵਗੁਣਿ ਪਛੁਤਾਏ ਦੁਖੋ ਦੁਖੁ ਕਮਾਏ॥		Kiaa Dhaen Muhu Jaaeae Avagun Pashhuthaaeae Dhukho Dhukh Kamaaeae ||	What face will they show, when they go there? They will regret and repent for their sins; their actions will bring them only pain and suffering.	ਪਰਲੋਕ ਵਿਚ ਜਾ ਕੇ ਉਹ ਮੂੰਹ ਨਹੀਂ ਵਿਖਾ ਸਕਦੀਆਂ। ਜੇਹੜੀ (ਜੀਵ-ਇਸਤ੍ਰੀ) ਔਗੁਣ ਵਿਚ ਫਸ ਜਾਂਦੀ ਹੈ, ਉਹ ਆਖ਼ਰ ਪਛੁਤਾਂਦੀ ਹੈ, ਉਹ ਸਦਾ ਦੁੱਖ ਹੀ ਦੁੱਖ ਸਹੇੜਦੀ ਹੈ।
25665	585	ਨਾਮਿ ਰਤੀਆ ਸੇ ਰੰਗਿ ਚਲੂਲਾ ਪਿਰ ਕੈ ਅੰਕਿ ਸਮਾਏ॥	(ਚਲੂਲਾ) ਗੂੜ੍ਹਾ	Naam Ratheeaa Sae Rang Chaloolaa Pir Kai Ank Samaaeae ||	Those who are imbued with the Naam are dyed in the deep crimson color of the Lord's Love; they merge into the Being of their Husband Lord.	ਪਰਮਾਤਮਾ ਦੇ ਨਾਮ ਵਿਚ ਰੰਗੀਆਂ ਹੋਈਆਂ ਜੀਵ-ਇਸਤ੍ਰੀਆਂ ਪਰਮਾਤਮਾ ਦੇ ਚਰਨਾਂ ਵਿਚ ਲੀਨ ਹੋ ਕੇ ਗੂੜ੍ਹੇ ਪ੍ਰੇਮ-ਰੰਗ ਵਿਚ (ਮਸਤ ਰਹਿੰਦੀਆਂ ਹਨ)।
25666	585	ਤਿਸੁ ਜੇਵਡੁ ਅਵਰੁ ਨ ਸੂਝਈ ਕਿਸੁ ਆਗੈ ਕਹੀਐ ਜਾਏ॥		This Jaevadd Avar N Soojhee Kis Aagai Keheeai Jaaeae ||	I can conceive of no other as great as the Lord; unto whom should I go and speak?	ਉਸ ਪਰਮਾਤਮਾ ਦੇ ਬਰਾਬਰ ਦਾ (ਜਗਤ ਵਿਚ) ਹੋਰ ਕੋਈ ਨਹੀਂ ਦਿੱਸਦਾ (ਇਸ ਵਾਸਤੇ ਪਰਮਾਤਮਾ ਤੋਂ ਬਿਨਾ) ਕਿਸੇ ਹੋਰ ਅੱਗੇ (ਕੋਈ ਦੁਖ ਸੁਖ) ਦੱਸਿਆ ਨਹੀਂ ਜਾ ਸਕਦਾ।
25667	585	ਸੋ ਸਚਾ ਸਚੁ ਸਲਾਹੀਐ ਜੇ ਸਤਿਗੁਰੁ ਦੇਇ ਬੁਝਾਏ॥੩॥		So Sachaa Sach Salaaheeai Jae Sathigur Dhaee Bujhaaeae ||3||	We truly praise the True Lord, when the True Guru imparts understanding. ||3||	ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਤਦੋਂ ਹੀ ਕੀਤੀ ਜਾ ਸਕਦੀ ਹੈ, ਜਦੋਂ ਗੁਰੂ ਇਹ ਸੂਝ ਦੇਂਦਾ ਹੈ ॥੩॥

25668	585	ਜਿਨੀ ਸਚੜਾ ਸਚੁ ਸਲਾਹਿਆ ਹੰਉ ਤਿਨ ਲਾਗਉ ਪਾਏ॥		Jinee Sacharraa Sach Salaahiaa Hano Thin Laago Paaeae ||	I fall at the feet of those who praise the Truest of the True.	ਜਿਨ੍ਹਾਂ ਨੇ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕੀਤੀ, ਮੈਂ ਉਹਨਾਂ ਦੇ ਚਰਨੀਂ ਲੱਗਦਾ ਹਾਂ।
25669	585	ਸੇ ਜਨ ਸਚੇ ਨਿਰਮਲੇ ਤਿਨ ਮਿਲਿਆ ਮਲੁ ਸਭ ਜਾਏ॥		Sae Jan Sachae Niramalae Thin Miliaa Mal Sabh Jaaeae ||	Those humble beings are true, and immaculately pure; meeting them, all filth is washed off.	ਉਹ ਮਨੁੱਖ ਅਡੋਲ-ਚਿੱਤ ਹੋ ਜਾਂਦੇ ਹਨ, ਪਵਿਤ੍ਰ ਹੋ ਜਾਂਦੇ ਹਨ, ਉਹਨਾਂ ਦਾ ਦਰਸ਼ਨ ਕੀਤਿਆਂ (ਵਿਕਾਰਾਂ ਦੀ) ਸਾਰੀ ਮੈਲ ਦੂਰ ਹੋ ਜਾਂਦੀ ਹੈ।
25670	585	ਤਿਨ ਮਿਲਿਆ ਮਲੁ ਸਭ ਜਾਏ ਸਚੈ ਸਰਿ ਨਾਏ ਸਚੈ ਸਹਜਿ ਸੁਭਾਏ॥	ਨ੍ਹਾਏ	Thin Miliaa Mal Sabh Jaaeae Sachai Sar Naaeae Sachai Sehaj Subhaaeae ||	Meeting them, all filth is washed off; bathing in the Pool of Truth, one becomes truthful, with intuitive ease.	ਉਹਨਾਂ ਦਾ ਦੀਦਾਰ ਕਰਨ ਨਾਲ (ਵਿਕਾਰਾਂ ਦੀ) ਸਾਰੀ ਮੈਲ ਲਹਿ ਜਾਂਦੀ ਹੈ ਮਨੁੱਖ ਸਦਾ-ਥਿਰ ਪ੍ਰਭੂ ਦੇ ਨਾਮ-ਸਰੋਵਰ ਵਿਚ ਇਸ਼ਨਾਨ ਕਰਦਾ ਹੈ ਉਸ (ਪ੍ਰਭੂ) ਵਿਚ ਲੀਨ ਹੋ ਜਾਂਦਾ ਹੈ।
25671	585	ਨਾਮੁ ਨਿਰੰਜਨੁ ਅਗਮੁ ਅਗੋਚਰੁ ਸਤਿਗੁਰਿ ਦੀਆ ਬੁਝਾਏ॥	ਬੁੱਝਾਏ	Naam Niranjan Agam Agochar Sathigur Dheeaa Bujhaaeae ||	The True Guru has given me the realization of the Naam, the Immaculate Name of the Lord, the unfathomable, the imperceptible.	ਸਤਿਗੁਰ ਨੇ ਮੈਨੂੰ ਇਹ ਸੂਝ ਦਿੱਤੀ ਹੈ ਕਿ ਪਰਮਾਤਮਾ ਦਾ ਨਾਮ ਮਾਇਆ ਦੀ ਕਾਲਖ ਤੋਂ ਰਹਿਤ (ਕਰਨ ਵਾਲਾ) ਹੈ, ਪਰ ਪ੍ਰਭੂ (ਸਿਆਣਪ ਚਤੁਰਾਈ ਦੀ ਰਾਹੀਂ) ਅਪਹੁੰਚ ਹੈ, ਗਿਆਨ-ਇੰਦ੍ਰਿਆਂ ਦੀ ਭੀ ਉਸ ਤਕ ਪਹੁੰਚ ਨਹੀਂ।

25672	585	ਅਨ ਦਿਨੁ ਭਗਤਿ ਕਰਹਿ ਰੰਗਿ ਰਾਤੇ ਨਾਨਕ ਸਚਿ ਸਮਾਏ॥		Anadhin Bhagath Karehi Rang Raathae Naanak Sach Samaaeae ||	Those who perform devotional worship to the Lord night and day, are imbued with His Love; O Nanak, they are absorbed in the True Lord.	ਹੇ ਨਾਨਕ! ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਕੇ ਹਰ ਵੇਲੇ ਨਾਮ-ਰੰਗ ਵਿਚ ਰੰਗੇ ਕੇ ਪ੍ਰਭੂ ਦੀ ਭਗਤੀ ਕਰ!
25673	585	ਜਿਨੀ ਸਚੜਾ ਸਚੁ ਧਿਆਇਆ ਹੰਉ ਤਿਨ ਕੈ ਲਾਗਉ ਪਾਏ॥੪॥੪॥	ਸੱਚੜਾ	Jinee Sacharraa Sach Dhhiaaeiaa Hano Thin Kai Laago Paaeae ||4||4||	I fall at the feet of those who meditate on the Truest of the True. ||4||4||	ਜਿਨ੍ਹਾਂ ਨੇ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕੀਤੀ, ਮੈਂ ਉਹਨਾਂ ਦੇ ਚਰਨੀਂ ਲੱਗਦਾ ਹਾਂ ॥੪॥੪॥
25674	585	ਵਡਹੰਸ ਕੀ ਵਾਰ ਮਹਲਾ ੪ ਲਲਾਂ ਬਹਲੀਮਾ ਕੀ ਧੁਨਿ ਗਾਵਣੀ	ਲਲਾਂ। ਧੁਨਿ:ਪੋਲੇ ਬੋਲੋ	Vaddehans Kee Vaar Mehalaa 4 Lalaan Behaleemaa Kee Dhhun Gaavanee	Vaar Of Wadahans, Fourth Mehl: To Be Sung In The Tune Of Lalaa-Behleemaa:	ਵਡਹੰਸ ਰਾਗ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਵਾਰ'। ਲਲਾਂ ਤੇ ਬਹਲੀਮਾ ਦੀ ਧੁਨ ਅਨੁਸਾਰ ਗਾਈ ਜਾਵੇ।
25675	585	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
25676	585	ਸਲੋਕ ਮਃ ੩॥		Salok Ma 3 ||	Shalok, Third Mehl:	

25677	585	ਸਬਦਿ ਰਤੇ ਵਡ ਹੰਸ ਹੈ ਸਚੁ ਨਾਮੁ ਉਰਿ ਧਾਰਿ॥	(ਹੰਸ)ਤੱਤਬੇਤਾ	Sabadh Rathae Vadd Hans Hai Sach Naam Our Dhhaar ||	The great swans are imbued with the Word of the Shabad; they enshrine the True Name within their hearts.	ਜੋ ਸੱਚੇ ਨਾਮ ਨੂੰ ਹਿਰਦੇ ਵਿਚ ਪਰੋ ਕੇ ਸਤਿਗੁਰੂ ਦੇ ਸ਼ਬਦ ਵਿਚ ਰੱਤੇ ਹੋਏ ਹਨ, ਉਹ ਵੱਡੇ ਬਿਬੇਕੀ (ਸੰਤ) ਹਨ।
25678	585	ਸਚੁ ਸੰਗ੍ਰਹਹਿ ਸਦ ਸਚਿ ਰਹਹਿ ਸਚੈ ਨਾਮਿ ਪਿਆਰਿ॥	ਸੰਗ੍ਰਹ-ਹਿ ਰਹ-ਹਿ	Sach Sangrehehi Sadh Sach Rehehi Sachai Naam Piaar ||	They gather Truth, remain always in Truth, and love the True Name.	ਉਹ ਸੱਚਾ ਨਾਮ (ਰੂਪ ਧਨ) ਇਕੱਠਾ ਕਰਦੇ ਹਨ, ਤੇ ਸੱਚੇ ਨਾਮ ਵਿਚ ਪਿਆਰ ਦੇ ਕਾਰਨ ਸੱਚ ਵਿਚ ਹੀ ਲੀਨ ਰਹਿੰਦੇ ਹਨ।
25679	585	ਸਦਾ ਨਿਰਮਲ ਮੈਲੁ ਨ ਲਗਈ ਨਦਰਿ ਕੀਤੀ ਕਰਤਾਰਿ॥		Sadhaa Niramal Mail N Lagee Nadhar Keethee Karathaar ||	They are always pure and immaculate - filth does not touch them; they are blessed with the Grace of the Creator Lord.	ਕਰਤਾਰ ਨੇ ਉਹਨਾਂ ਉਤੇ ਮੇਹਰ ਦੀ ਨਜ਼ਰ ਕੀਤੀ ਹੋਈ ਹੈ; (ਇਸ ਕਰਕੇ) ਉਹ ਸਦਾ ਪਵਿਤ੍ਰ ਹਨ ਉਹਨਾਂ ਨੂੰ (ਵਿਕਾਰਾਂ ਦੀ) ਮੈਲ ਨਹੀਂ ਲੱਗਦੀ।
25680	585	ਨਾਨਕ ਹਉ ਤਿਨ ਕੈ ਬਲਿਹਾਰਣੈ ਜੋ ਅਨ ਦਿਨੁ ਜਪਹਿ ਮੁਰਾਰਿ॥੧॥		Naanak Ho Thin Kai Balihaaranai Jo Anadhin Japehi Muraar ||1||	O Nanak, I am a sacrifice to those who, night and day, meditate on the Lord. ||1||	ਹੇ ਨਾਨਕ! ਜੋ ਮਨੁੱਖ ਹਰ ਵੇਲੇ ਪ੍ਰਭੂ ਨੂੰ ਸਿਮਰਦੇ ਹਨ, ਮੈਂ ਉਹਨਾਂ ਤੋਂ ਸਦਕੇ ਹਾਂ ॥੧॥
25681	585	ਮਃ ੩॥		Ma 3 ||	Third Mehl:	

25682	585	ਮੈ ਜਾਨਿਆ ਵਡ ਹੰਸੁ ਹੈ ਤਾ ਮੈ ਕੀਆ ਸੰਗੁ॥		Mai Jaaniaa Vadd Hans Hai Thaa Mai Keeaa Sang ||	I thought that he was a great swan, so I associated with him.	ਮੈਂ ਸਮਝਿਆ ਸੀ ਕਿ ਇਹ ਕੋਈ ਵੱਡਾ ਸੰਤ ਹੈ, ਇਸ ਵਾਸਤੇ ਮੈਂ ਇਸ ਨਾਲ ਸਾਥ ਕੀਤਾ ਸੀ।
25683	585	ਜੇ ਜਾਣਾ ਬਗੁ ਬਪੁੜਾ ਤ ਜਨਮਿ ਨ ਦੇਦੀ ਅੰਗੁ॥੨॥	ਬੱਗੁ ਬੱਪੁੜਾ	Jae Jaanaa Bag Bapurraa Th Janam N Dhaedhee Ang ||2||	If I had known that he was only a wretched heron from birth, I would not have touched him. ||2||	ਜੇ ਮੈਨੂੰ ਪਤਾ ਹੁੰਦਾ ਕਿ ਇਹ ਵਿਚਾਰਾ ਪਖੰਡੀ ਮਨੁੱਖ ਹੈ ਤਾਂ ਮੈਂ ਮੁੱਢ ਤੋਂ ਹੀ ਇਸ ਦੇ ਪਾਸ ਨਾਹ ਬੈਠਦੀ ॥੨॥
25684	585	ਮਃ ੩॥		Ma 3 ||	Third Mehl:	
25685	585	ਹੰਸਾ ਵੇਖਿ ਤਰੰਦਿਆ ਬਗਾਂ ਭਿ ਆਯਾ ਚਾਉ॥	ਆ-ਯਾ	Hansaa Vaekh Tharandhiaa Bagaan Bh Aayaa Chaao ||	Seeing the swans swimming, the herons became envious.	ਹੰਸਾਂ ਨੂੰ ਤਰਦਿਆਂ ਵੇਖ ਕੇ ਬਗਲਿਆਂ ਨੂੰ ਭੀ ਚਾਅ ਕੁੱਦਿਆ,
25686	585	ਡੁਬਿ ਮੁਏ ਬਗ ਬਪੁੜੇ ਸਿਰੁ ਤਲਿ ਉਪਰਿ ਪਾਉ॥੩॥		Ddub Mueae Bag Bapurrae Sir Thal Oupar Paao ||3||	But the poor herons drowned and died, and floated with their heads down, and their feet above. ||3||	ਪਰ ਬਗਲੇ ਵਿਚਾਰੇ ਸਿਰ-ਪਰਨੇ ਹੋ ਕੇ ਡੁੱਬ ਕੇ ਮਰ ਗਏ ॥੩॥
25687	585	ਪਉੜੀ॥		Pourree ||	Pauree:	

25688	585	ਤੂ ਆਪੇ ਹੀ ਆਪਿ ਆਪਿ ਹੈ ਆਪਿ ਕਾਰਣੁ ਕੀਆ॥		Thoo Aapae Hee Aap Aap Hai Aap Kaaran Keeaa ||	You Yourself are Yourself, all by Yourself; You Yourself created the creation.	(ਹੇ ਪ੍ਰਭੂ!) ਸੰਸਾਰ ਦਾ ਮੁੱਢ ਤੂੰ ਆਪ ਹੀ ਬਣਾਇਆ, (ਕਿਉਂਕਿ ਇਸ ਤੋਂ ਪਹਿਲਾਂ ਦਾ ਭੀ) ਤੂੰ ਆਪ ਹੀ ਹੈਂ, ਤੂੰ ਆਪ ਹੀ ਹੈਂ।
25689	585	ਤੂ ਆਪੇ ਆਪਿ ਨਿਰੰਕਾਰੁ ਹੈ ਕੋ ਅਵਰੁ ਨ ਬੀਆ॥	(ਬੀਆ) ਦੂਜਾ	Thoo Aapae Aap Nirankaar Hai Ko Avar N Beeaa ||	You Yourself are Yourself the Formless Lord; there is no other than You.	ਤੇਰਾ ਕੋਈ ਖ਼ਾਸ ਸਰੂਪ ਨਹੀਂ ਹੈ (ਜੋ ਮੈਂ ਬਿਆਨ ਕਰ ਸਕਾਂ), ਤੇਰੇ ਵਰਗਾ ਕੋਈ ਦੂਜਾ ਨਹੀਂ ਹੈ।
25690	585	ਤੂ ਕਰਣ ਕਾਰਣ ਸਮਰਥੁ ਹੈ ਤੂ ਕਰਹਿ ਸੁ ਥੀਆ॥	ਸਮਰੱਥੁ	Thoo Karan Kaaran Samarathh Hai Thoo Karehi S Thheeaa ||	You are the all-powerful Cause of causes; what You do, comes to be.	ਸ੍ਰਿਸ਼ਟੀ ਦੀ ਉਤਪੱਤੀ ਕਰਨ ਦੇ ਤੂੰ ਹੀ ਸਮਰੱਥ ਹੈਂ, ਜੋ ਕੁਝ ਤੂੰ ਕਰਦਾ ਹੈਂ ਉਹੀ ਹੁੰਦਾ ਹੈ।
25691	585	ਤੂ ਅਣਮੰਗਿਆ ਦਾਨੁ ਦੇਵਣਾ ਸਭਨਾਹਾ ਜੀਆ॥	(ਸਭਨਾਹਾ)ਸਭਨਾਂ	Thoo Anamangiaa Dhaan Dhaevanaa Sabhanaahaa Jeeaa ||	You give gifts to all beings, without their asking.	ਤੂੰ ਸਾਰੇ ਜੀਵਾਂ ਨੂੰ (ਉਹਨਾਂ ਦੇ) ਮੰਗਣ ਤੋਂ ਬਿਨਾ ਹੀ ਸਭ ਦਾਤਾਂ ਦੇ ਰਿਹਾ ਹੈਂ।
25692	585	ਸਭਿ ਆਖਹੁ ਸਤਿਗੁਰੁ ਵਾਹੁ ਵਾਹੁ ਜਿਨਿ ਦਾਨੁ ਹਰਿ ਨਾਮੁ ਮੁਖਿ ਦੀਆ॥੧॥		Sabh Aakhahu Sathigur Vaahu Vaahu Jin Dhaan Har Naam Mukh Dheeaa ||1||	Everyone proclaims, ""Waaho! Waaho! Blessed, blessed is the True Guru, who has given the supreme gift of the Name of the Lord. ||1||	ਸਾਰੇ ਆਖੋ! ਸਤਿਗੁਰੂ (ਭੀ) ਧੰਨ ਹੈ ਜਿਸ ਨੇ (ਇਹੋ ਜਿਹੇ) ਪ੍ਰਭੂ ਦੀ ਨਾਮ-ਰੂਪ ਦਾਤ (ਅਸਾਡੇ) ਮੂੰਹ ਵਿਚ ਪਾਈ ਹੈ ॥੧॥

25693	586	ਸਲੋਕੁ ਮਃ ੩॥		Salok Ma 3 ||	Shalok, Third Mehl:	
25694	586	ਭੈ ਵਿਚਿ ਸਭੁ ਆਕਾਰੁ ਹੈ ਨਿਰਭਉ ਹਰਿ ਜੀਉ ਸੋਇ॥		Bhai Vich Sabh Aakaar Hai Nirabho Har Jeeo Soe ||	The entire universe is in fear; only the Dear Lord is fearless.	(ਜਗਤ ਦਾ) ਸਾਰਾ ਆਕਾਰ (ਪ੍ਰਭੂ-ਪ੍ਰਭਾਵ) ਡਰ ਦੇ ਅਧੀਨ ਹੈ, ਇਕ ਉਹ ਪਰਮਾਤਮਾ ਹੀ ਡਰ ਤੋਂ ਰਹਿਤ ਹੈ।
25695	586	ਸਤਿਗੁਰਿ ਸੇਵਿਐ ਹਰਿ ਮਨਿ ਵਸੈ ਤਿਥੈ ਭਉ ਕਦੇ ਨ ਹੋਇ॥		Sathigur Saeviai Har Man Vasai Thithhai Bho Kadhae N Hoe ||	Serving the True Guru, the Lord comes to dwell in the mind, and then, fear cannot stay there.	ਜੇ ਗੁਰੂ ਦੇ ਦੱਸੇ ਹੋਏ ਰਾਹ ਉਤੇ ਤੁਰੀਏ ਤਾਂ (ਉਹ ਡਰ-ਰਹਿਤ) ਪ੍ਰਭੂ ਮਨ ਵਿਚ ਆ ਵੱਸਦਾ ਹੈ, (ਫਿਰ) ਉਸ ਮਨ ਵਿਚ ਕਦੇ (ਕੋਈ) ਡਰ ਨਹੀਂ ਵਿਆਪਦਾ।
25696	586	ਦੁਸਮਨੁ ਦੁਖੁ ਤਿਸ ਨੋ ਨੇੜਿ ਨ ਆਵੈ ਪੋਹਿ ਨ ਸਕੈ ਕੋਇ॥		Dhusaman Dhukh This No Naerr N Aavai Pohi N Sakai Koe ||	Enemies and pain cannot come close, and no one can touch him.	ਕੋਈ ਵੈਰੀ ਉਸ ਦੇ ਨੇੜੇ ਨਹੀਂ ਢੁੱਕਦਾ, ਕੋਈ ਦੁਖ ਉਸ ਨੂੰ ਪੋਹ ਨਹੀਂ ਸਕਦਾ।
25697	586	ਗੁਰਮੁਖਿ ਮਨਿ ਵੀਚਾਰਿਆ ਜੋ ਤਿਸੁ ਭਾਵੈ ਸੁ ਹੋਇ॥		Guramukh Man Veechaariaa Jo This Bhaavai S Hoe ||	The Gurmukh reflects upon the Lord in his mind; whatever pleases the Lord - that alone comes to pass.	ਗੁਰਮੁਖਾਂ ਦੇ ਮਨ ਵਿਚ ਇਹ ਵਿਚਾਰ ਉੱਠਦੀ ਹੈ ਕਿ ਜੋ ਕੁਝ ਪ੍ਰਭੂ ਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ।

25698	586	ਨਾਨਕ ਆਪੇ ਹੀ ਪਤਿ ਰਖਸੀ ਕਾਰਜ ਸਵਾਰੇ ਸੋਇ॥੧॥	ਪਤਿ:ਪੋਲਾ ਬੋਲੋ	Naanak Aapae Hee Path Rakhasee Kaaraj Savaarae Soe ||1||	O Nanak, He Himself preserves one's honor; He alone resolves our affairs. ||1||-	ਹੇ ਨਾਨਕ! ਅਸਾਡੀ ਲਾਜ ਉਹ ਆਪ ਹੀ ਰੱਖੇਗਾ, (ਅਸਾਡੇ) ਕੰਮ ਉਹ ਆਪ ਹੀ ਸੰਵਾਰਦਾ ਹੈ ॥੧॥
25699	586	ਮਃ ੩॥		Ma 3 ||	Third Mehl:	
25700	586	ਇਕਿ ਸਜਣ ਚਲੇ ਇਕਿ ਚਲਿ ਗਏ ਰਹਦੇ ਭੀ ਫੁਨਿ ਜਾਹਿ॥	ਚੱਲਿ। (ਫੁਨਿ) ਫਿਰ	Eik Sajan Chalae Eik Chal Geae Rehadhae Bhee Fun Jaahi ||	Some friends are leaving, some have already left, and those remaining will eventually leave.	ਕੁਝ ਸੱਜਣ ਜਾਣ ਨੂੰ ਤਿਆਰ ਹਨ, ਕੁਝ ਕੂਚ ਕਰ ਗਏ ਹਨ, ਤੇ ਬਾਕੀ ਦੇ ਭੀ ਚਲੇ ਜਾਣਗੇ (ਭਾਵ, ਜਗਤ ਨਾਸਹੀਣ ਹੈ)।
25701	586	ਜਿਨੀ ਸਤਿਗੁਰੁ ਨ ਸੇਵਿਓ ਸੇ ਆਇ ਗਏ ਪਛੁਤਾਹਿ॥		Jinee Sathigur N Saeviou Sae Aae Geae Pashhuthaahi ||	Those who do not serve the True Guru, come and go regretting.	ਪਰ ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਦੱਸੀ ਹੋਈ ਕਾਰ ਨਹੀਂ ਕੀਤੀ, ਉਹ (ਜਗਤ ਵਿਚ) ਆ ਕੇ ਇਥੋਂ ਪਛੁਤਾਉਂਦੇ ਚਲੇ ਜਾਂਦੇ ਹਨ।
25702	586	ਨਾਨਕ ਸਚਿ ਰਤੇ ਸੇ ਨ ਵਿਛੁੜਹਿ ਸਤਿਗੁਰੁ ਸੇਵਿ ਸਮਾਹਿ॥੨॥		Naanak Sach Rathae Sae N Vishhurrehi Sathigur Saev Samaahi ||2||	O Nanak, those who are attuned to Truth are not separated; serving the True Guru, they merge into the Lord. ||2||	ਹੇ ਨਾਨਕ! ਜੋ ਮਨੁੱਖ ਸੱਚੇ ਨਾਮ ਵਿਚ ਰੰਗੇ ਹੋਏ ਹਨ ਉਹ (ਪਰਮਾਤਮਾ ਤੋਂ) ਨਹੀਂ ਵਿਛੜਦੇ, ਉਹ ਗੁਰੂ ਦੀ ਦੱਸੀ ਸੇਵਾ ਕਰ ਕੇ (ਪ੍ਰਭੂ ਵਿਚ) ਜੁੜੇ ਰਹਿੰਦੇ ਹਨ ॥੨॥
25703	586	ਪਉੜੀ॥		Pourree ||	Pauree:	

25704	586	ਤਿਸੁ ਮਿਲੀਐ ਸਤਿਗੁਰ ਸਜਣੈ ਜਿਸੁ ਅੰਤਰਿ ਹਰਿ ਗੁਣਕਾਰੀ॥		This Mileeai Sathigur Sajanai Jis Anthar Har Gunakaaree ||	Meet with that True Guru, the True Friend, within whose mind the Lord, the virtuous One, abides.	ਉਸ ਪਿਆਰੇ ਗੁਰੂ ਨੂੰ ਮਿਲਣਾ ਚਾਹੀਦਾ ਹੈ, ਜਿਸ ਦੇ ਹਿਰਦੇ ਵਿਚ ਗੁਣਾਂ ਦਾ ਸੋਮਾ ਪਰਮਾਤਮਾ ਵੱਸ ਰਿਹਾ ਹੈ।
25705	586	ਤਿਸੁ ਮਿਲੀਐ ਸਤਿਗੁਰ ਪ੍ਰੀਤਮੈ ਜਿਨਿ ਹੰਉਮੈ ਵਿਚਹੁ ਮਾਰੀ॥		This Mileeai Sathigur Preethamai Jin Hanoumai Vichahu Maaree ||	Meet with that Beloved True Guru, who has subdued ego from within himself.	ਉਸ ਪ੍ਰੀਤਮ ਸਤਿਗੁਰੂ ਦੀ ਸਰਨ ਪੈਣਾ ਚਾਹੀਦਾ ਹੈ, ਜਿਸ ਨੇ ਆਪਣੇ ਅੰਦਰੋਂ ਅਹੰਕਾਰ ਦੂਰ ਕਰ ਲਿਆ ਹੈ।
25706	586	ਸੋ ਸਤਿਗੁਰੁ ਪੂਰਾ ਧਨੁ ਧੰਨੁ ਹੈ ਜਿਨਿ ਹਰਿ ਉਪਦੇਸੁ ਦੇ ਸਭ ਸ੍ਰਿਸ੍ਰਿ ਸਵਾਰੀ॥	ਸ-ਿਸ੍ਰਿ	So Sathigur Pooraa Dhhan Dhhann Hai Jin Har Oupadhaes Dhae Sabh Srist Savaaree ||	Blessed, blessed is the Perfect True Guru, who has given the Lord's Teachings to reform the whole world.	ਉਹ ਸਤਿਗੁਰੂ ਧੰਨ ਹੈ ਧੰਨ ਹੈ, ਜਿਸ ਨੇ ਪ੍ਰਭੂ-ਸਿਮਰਨ ਦੀ ਇਹ ਸਿੱਖਿਆ ਦੇ ਕੇ ਸਾਰੀ ਸ੍ਰਿਸ਼ਟੀ ਨੂੰ ਸੋਹਣਾ ਬਣਾ ਦਿੱਤਾ ਹੈ।
25707	586	ਨਿਤ ਜਪਿਅਹੁ ਸੰਤਹੁ ਰਾਮ ਨਾਮੁ ਭਉਜਲ ਬਿਖੁ ਤਾਰੀ॥		Nith Japiahu Santhahu Raam Naam Bhoujal Bikh Thaaree ||	O Saints, meditate constantly on the Lord's Name, and cross over the terrifying, poisonous world-ocean.	ਹੇ ਸੰਤ ਜਨੋ! ਸੰਸਾਰ-ਸਮੁੰਦਰ ਦੀ (ਮਾਇਆ-ਰੂਪ) ਜ਼ਹਿਰ ਤੋਂ ਪਾਰ ਲੰਘਾਉਣ ਵਾਲਾ ਹਰਿ-ਨਾਮ ਰੋਜ਼ ਜਪ!

25708	586	ਗੁਰਿ ਪੂਰੈ ਹਰਿ ਉਪਦੇਸਿਆ ਗੁਰ ਵਿਟੜਿਅਹੁ ਹੰਉ ਸਦ ਵਾਰੀ॥੨॥		Gur Poorai Har Oupadhaesiaa Gur Vittarriahu Hano Sadh Vaaree ||2||	The Perfect Guru has taught me about the Lord; I am forever a sacrifice to the Guru. ||2||	ਆਪਣੇ ਸਤਿਗੁਰੂ ਤੋਂ ਮੈਂ ਸਦਕੇ ਹਾਂ, ਪੂਰੇ ਸਤਿਗੁਰੂ ਨੇ ਮੈਨੂੰ ਪਰਮਾਤਮਾ ਨੇੜੇ ਵਿਖਾ ਦਿੱਤਾ ਹੈ ॥੨॥
25709	586	ਸਲੋਕੁ ਮਃ ੩॥		Salok Ma 3 ||	Shalok, Third Mehl:	
25710	586	ਸਤਿਗੁਰ ਕੀ ਸੇਵਾ ਚਾਕਰੀ ਸੁਖੀ ਹੂੰ ਸੁਖ ਸਾਰੁ॥		Sathigur Kee Saevaa Chaakaree Sukhee Hoon Sukh Saar ||	Service to, and obedience to the True Guru, is the essence of comfort and peace.	ਗੁਰੂ ਦੀ ਦੱਸੀ ਸੇਵਾ ਚਾਕਰੀ ਕਰਨੀ ਚੰਗੇ ਤੋਂ ਚੰਗੇ ਸੁਖ ਦਾ ਤੱਤ ਹੈ;
25711	586	ਐਥੈ ਮਿਲਨਿ ਵਡਿਆਈਆ ਦਰਗਹ ਮੋਖ ਦੁਆਰੁ॥		Aithhai Milan Vaddiaaeeaa Dharageh Mokh Dhuaar ||	Doing so, one obtains honor here, and the door of salvation in the Court of the Lord.	(ਗੁਰੂ ਦੀ ਦੱਸੀ ਸੇਵਾ ਕੀਤਿਆਂ) ਜਗਤ ਵਿਚ ਆਦਰ ਮਿਲਦਾ ਹੈ, ਤੇ ਪ੍ਰਭੂ ਦੀ ਹਜ਼ੂਰੀ ਵਿਚ ਸੁਰਖ਼ਰੂਈ ਦਾ ਦਰਵਾਜ਼ਾ।
25712	586	ਸਚੀ ਕਾਰ ਕਮਾਵਣੀ ਸਚੁ ਪੈਨਣੁ ਸਚੁ ਨਾਮੁ ਅਧਾਰੁ॥		Sachee Kaar Kamaavanee Sach Painan Sach Naam Adhhaar ||	In this way, perform the tasks of Truth, wear Truth, and take the Support of the True Name.	(ਗੁਰ-ਸੇਵਾ ਦੀ ਇਹੀ) ਸੱਚੀ ਕਾਰ ਕਮਾਉਣ-ਜੋਗ ਹੈ, (ਇਸ ਨਾਲ) ਮਨੁੱਖ ਨੂੰ (ਪੜਦੇ ਕੱਜਣ ਲਈ) ਸੱਚਾ ਨਾਮ-ਰੂਪ ਪੁਸ਼ਾਕਾ ਮਿਲ ਜਾਂਦਾ ਹੈ,

25713	586	ਸਚੀ ਸੰਗਤਿ ਸਚਿ ਮਿਲੈ ਸਚੈ ਨਾਇ ਪਿਆਰੁ॥		Sachee Sangath Sach Milai Sachai Naae Piaar ||	Associating with Truth, obtain Truth, and love the True Name.	ਸੱਚੀ ਸੰਗਤ ਵਿਚ ਸੱਚੇ ਨਾਮ ਵਿਚ ਪਿਆਰ ਪੈਂਦਾ ਹੈ ਤੇ ਸੱਚੇ ਪ੍ਰਭੂ ਵਿਚ ਸਮਾਈ ਹੋ ਜਾਂਦੀ ਹੈ।
25714	586	ਸਚੈ ਸਬਦਿ ਹਰਖੁ ਸਦਾ ਦਰਿ ਸਚੈ ਸਚਿਆਰੁ॥		Sachai Sabadh Harakh Sadhaa Dhar Sachai Sachiaar ||	Through the True Word of the Shabad, be always happy, and you shall be acclaimed as True in the True Court.	(ਗੁਰੂ ਦੇ) ਸੱਚੇ ਸ਼ਬਦ ਦੀ ਬਰਕਤਿ ਨਾਲ (ਮਨੁੱਖ ਦੇ ਮਨ ਵਿਚ) ਸਦਾ ਖ਼ੁਸ਼ੀ ਬਣੀ ਰਹਿੰਦੀ ਹੈ, ਤੇ ਪ੍ਰਭੂ ਦੀ ਹਜ਼ੂਰੀ ਵਿਚ ਮਨੁੱਖ ਸੁਰਖ਼ਰੂ ਹੋ ਜਾਂਦਾ ਹੈ।
25715	586	ਨਾਨਕ ਸਤਿਗੁਰ ਕੀ ਸੇਵਾ ਸੋ ਕਰੈ ਜਿਸ ਨੋ ਨਦਰਿ ਕਰੈ ਕਰਤਾਰੁ॥੧॥		Naanak Sathigur Kee Saevaa So Karai Jis No Nadhar Karai Karathaar ||1||	O Nanak, he alone serves the True Guru, whom the Creator has blessed with His Glance of Grace. ||1||	ਹੇ ਨਾਨਕ! ਸਤਿਗੁਰੂ ਦੀ ਦੱਸੀ ਹੋਈ ਕਾਰ ਉਹੀ ਮਨੁੱਖ ਕਰਦਾ ਹੈ, ਜਿਸ ਉਤੇ ਪ੍ਰਭੂ ਆਪ ਮੇਹਰ ਦੀ ਨਜ਼ਰ ਕਰਦਾ ਹੈ ॥੧॥
25716	586	ਮਃ ੩॥		Ma 3 ||	Third Mehl:	
25717	586	ਹੋਰ ਵਿਡਾਣੀ ਚਾਕਰੀ ਧ੍ਰਿਗੁ ਜੀਵਣੁ ਧ੍ਰਿਗੁ ਵਾਸੁ॥	(ਵਿਡਾਣੀ) ਬੇਗਾਨੀ	Hor Viddaanee Chaakaree Dhhrig Jeevan Dhhrig Vaas ||	Cursed is the life, and cursed is the dwelling, of those who serve another.	(ਪ੍ਰਭੂ ਦੀ ਬੰਦਗੀ ਛੱਡ ਕੇ) ਹੋਰ ਬਿਗਾਨੀ ਕਾਰ ਕਰਨ ਵਾਲਿਆਂ ਦਾ ਜੀਊਣਾ ਤੇ ਵੱਸਣਾ ਫਿਟਕਾਰ-ਜੋਗ ਹੈ।

25718	586	ਅੰਮ੍ਰਿਤੁ ਛੋਡਿ ਬਿਖੁ ਲਗੇ ਬਿਖੁ ਖਟਣਾ ਬਿਖੁ ਰਾਸਿ॥		Anmrith Shhodd Bikh Lagae Bikh Khattanaa Bikh Raas ||	Abandoning the Ambrosial Nectar, they turn to poison; they earn poison, and poison is their only wealth.	ਐਸੇ ਮਨੁੱਖ ਅੰਮ੍ਰਿਤ ਛੱਡ ਕੇ (ਮਾਇਆ-ਰੂਪ) ਜ਼ਹਿਰ (ਇਕੱਠਾ ਕਰਨ) ਵਿਚ ਲੱਗੇ ਹੋਏ ਹਨ ਤੇ ਜ਼ਹਿਰ ਹੀ ਉਹਨਾਂ ਦੀ ਖੱਟੀ-ਕਮਾਈ ਤੇ ਪੂੰਜੀ ਹੈ।
25719	586	ਬਿਖੁ ਖਾਣਾ ਬਿਖੁ ਪੈਨਣਾ ਬਿਖੁ ਕੇ ਮੁਖਿ ਗਿਰਾਸ॥	(ਗਿਰਾਸ) ਬੁਰਕੀਆਂ। ਪੈਨ੍ਣਾ	Bikh Khaanaa Bikh Painanaa Bikh Kae Mukh Giraas ||	Poison is their food, and poison is their dress; they fill their mouths with morsels of poison.	ਉਨ੍ਹਾਂ ਦੀ ਖ਼ੁਰਾਕ ਤੇ ਪੁਸ਼ਾਕ ਜ਼ਹਿਰ ਹੈ ਤੇ ਜ਼ਹਿਰ ਹਨ ਮੂੰਹ ਵਿਚ ਦੀਆਂ ਗਿਰਾਹੀਆਂ।
25720	586	ਐਥੈ ਦੁਖੋ ਦੁਖੁ ਕਮਾਵਣਾ ਮੁਇਆ ਨਰਕਿ ਨਿਵਾਸੁ॥		Aithhai Dhukho Dhukh Kamaavanaa Mueiaa Narak Nivaas ||	In this world, they earn only pain and suffering, and dying, they go to abide in hell.	ਅਜੇਹੇ ਬੰਦੇ ਜਗਤ ਵਿਚ ਨਿਰਾ ਦੁੱਖ ਹੀ ਭੋਗਦੇ ਹਨ ਤੇ ਮੋਇਆਂ ਭੀ ਉਹਨਾਂ ਦਾ ਵਾਸ ਨਰਕ ਵਿਚ ਹੀ ਹੁੰਦਾ ਹੈ।
25721	586	ਮਨਮੁਖ ਮੁਹਿ ਮੈਲੈ ਸਬਦੁ ਨ ਜਾਣਨੀ ਕਾਮ ਕਰੋਧਿ ਵਿਣਾਸੁ॥		Manamukh Muhi Mailai Sabadh N Jaananee Kaam Karodhh Vinaas ||	The self-willed manmukhs have filthy faces; they do not know the Word of the Shabad; in sexual desire and anger they waste away.	ਮੂੰਹੋਂ ਮੈਲੇ ਹੋਣ ਕਰਕੇ ਮਨ ਦੇ ਪਿਛੇ ਤੁਰਨ ਵਾਲੇ ਮਨੁੱਖ ਗੁਰੂ ਦੇ ਸ਼ਬਦ ਨੂੰ ਨਹੀਂ ਪਛਾਣਦੇ ਅਤੇ ਕਾਮ, ਕ੍ਰੋਧ ਨਾਲ ਉਹਨਾਂ ਦੀ (ਆਤਮਕ) ਮੌਤ ਹੋ ਜਾਂਦੀ ਹੈ।

25722	586	ਸਤਿਗੁਰ ਕਾ ਭਉ ਛੋਡਿਆ ਮਨ ਹਠਿ ਕੰਮੁ ਨ ਆਵੈ ਰਾਸਿ॥		Sathigur Kaa Bho Shhoddiaa Manehath Kanm N Aavai Raas ||	They forsake the Fear of the True Guru, and because of their stubborn ego, their efforts do not come to fruition.	ਸਤਿਗੁਰੂ ਦਾ ਅਦਬ ਛੱਡ ਦੇਣ ਕਰ ਕੇ, ਮਨ ਦੇ ਹਠ ਨਾਲ ਕੀਤਾ ਹੋਇਆ ਉਹਨਾਂ ਦਾ ਕੋਈ ਕੰਮ ਸਿਰੇ ਨਹੀਂ ਚੜ੍ਹਦਾ।
25723	586	ਜਮਪੁਰਿ ਬਧੇ ਮਾਰੀਅਹਿ ਕੋ ਨ ਸੁਣੇ ਅਰਦਾਸਿ॥	ਬੱਧੇ	Jam Pur Badhhae Maareeahi Ko N Sunae Aradhaas ||	In the City of Death, they are bound and beaten, and no one hears their prayers.	(ਇਸ ਵਾਸਤੇ ਮਨਮੁਖ ਮਨੁੱਖ) ਜਮ-ਪੁਰੀ ਵਿਚ ਬੱਧੇ ਮਾਰ ਖਾਂਦੇ ਹਨ ਤੇ ਕੋਈ ਉਹਨਾਂ ਦੀ ਪੁਕਾਰ ਨਹੀਂ ਸੁਣਦਾ।
25724	586	ਨਾਨਕ ਪੂਰਬਿ ਲਿਖਿਆ ਕਮਾਵਣਾ ਗੁਰਮੁਖਿ ਨਾਮਿ ਨਿਵਾਸੁ॥੨॥		Naanak Poorab Likhiaa Kamaavanaa Guramukh Naam Nivaas ||2||	O Nanak, they act according to their pre-ordained destiny; the Gurmukh abides in the Naam, the Name of the Lord. ||2||	ਹੇ ਨਾਨਕ! ਜੀਵ ਮੁੱਢ ਤੋਂ (ਕੀਤੇ ਕਰਮਾਂ-ਅਨੁਸਾਰ) ਲਿਖਿਆ ਲੇਖ ਕਮਾਉਂਦੇ ਹਨ। ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦਿਆਂ ਦੀ ਸੁਰਤ ਨਾਮ ਵਿਚ ਜੁੜੀ ਰਹਿੰਦੀ ਹੈ ॥੨॥
25725	586	ਪਉੜੀ॥		Pourree ||	Pauree:	
25726	586	ਸੋ ਸਤਿਗੁਰੁ ਸੇਵਿਹੁ ਸਾਧ ਜਨੁ ਜਿਨਿ ਹਰਿ ਹਰਿ ਨਾਮੁ ਦ੍ਰਿੜਾਇਆ॥		So Sathigur Saevihu Saadhh Jan Jin Har Har Naam Dhrirraaeiaa ||	Serve the True Guru, O Holy people; He implants the Name of the Lord, Har, Har, in our minds.	ਜਿਸ ਸਤਿਗੁਰੂ ਨੇ ਪ੍ਰਭੂ ਦਾ ਨਾਮ (ਮਨੁੱਖ ਦੇ ਹਿਰਦੇ ਵਿਚ) ਪੱਕਾ ਕਰਾਇਆ ਹੈ, ਉਸ ਸਾਧ-ਗੁਰੂ ਦੀ ਸੇਵਾ ਕਰੋ।

25727	586	ਸੋ ਸਤਿਗੁਰੁ ਪੂਜਹੁ ਦਿਨਸੁ ਰਾਤਿ ਜਿਨਿ ਜਗੰਨਾਥੁ ਜਗਦੀਸੁ ਜਪਾਇਆ॥		So Sathigur Poojahu Dhinas Raath Jin Jagannaathh Jagadhees Japaaeiaa ||	Worship the True Guru day and night; He leads us the meditate on the Lord of the Universe, the Master of the Universe.	ਜਿਸ ਗੁਰੂ ਨੇ ਜਗਤ ਦੇ ਮਾਲਕ ਤੇ ਨਾਥ ਦਾ ਨਾਮ (ਜੀਵਾਂ ਤੋਂ) ਜਪਾਇਆ ਹੈ, ਉਸ ਦੀ ਦਿਨ ਰਾਤ ਪੂਜਾ ਕਰੋ।
25728	586	ਸੋ ਸਤਿਗੁਰੁ ਦੇਖਹੁ ਇਕ ਨਿਮਖ ਨਿਮਖ ਜਿਨਿ ਹਰਿ ਕਾ ਹਰਿ ਪੰਥੁ ਬਤਾਇਆ॥		So Sathigur Dhaekhahu Eik Nimakh Nimakh Jin Har Kaa Har Panthh Bathaaeiaa ||	Behold the True Guru, each and every moment; He shows us the Divine Path of the Lord.	ਜਿਸ ਗੁਰੂ ਨੇ ਪਰਮਾਤਮਾ (ਦੇ ਮਿਲਣ) ਦਾ ਰਾਹ ਦੱਸਿਆ ਹੈ, ਉਸ ਦਾ ਹਰ ਵੇਲੇ ਦਰਸ਼ਨ ਕਰੋ।
25729	586	ਤਿਸੁ ਸਤਿਗੁਰ ਕੀ ਸਭ ਪਗੀ ਪਵਹੁ ਜਿਨਿ ਮੋਹ ਅੰਧੇਰੁ ਚੁਕਾਇਆ॥	ਪਗੀਂ:ਪੋਲਾ ਬੋਲੋ	This Sathigur Kee Sabh Pagee Pavahu Jin Moh Andhhaer Chukaaeiaa ||	Let everyone fall at the feet of the True Guru; He has dispelled the darkness of emotional attachment.	ਜਿਸ ਸਤਿਗੁਰੂ ਨੇ (ਜੀਵਾਂ ਦੇ ਹਿਰਦੇ ਵਿਚੋਂ ਮਾਇਆ ਦੇ) ਮੋਹ ਦਾ ਹਨੇਰਾ ਦੂਰ ਕੀਤਾ ਹੈ, ਸਾਰੇ ਉਸ ਦੀ ਚਰਨੀਂ ਲੱਗੋ।

25730	586	ਸੋ ਸਤਗੁਰੁ ਕਹਹੁ ਸਭਿ ਧੰਨੁ ਧੰਨੁ ਜਿਨਿ ਹਰਿ ਭਗਤਿ ਭੰਡਾਰ ਲਹਾਇਆ॥੩॥		So Sathagur Kehahu Sabh Dhhann Dhhann Jin Har Bhagath Bhanddaar Lehaaeiaa ||3||	Let everyone hail and praise the True Guru, who has led us to find the treasure of the Lord's devotional worship. ||3||	ਜਿਸ ਗੁਰੂ ਨੇ ਪ੍ਰਭੂ ਦੀ ਭਗਤੀ ਦੇ ਖ਼ਜ਼ਾਨੇ ਲਭਾ ਦਿੱਤੇ ਹਨ, ਆਖੋ-ਉਹ ਗੁਰੂ ਧੰਨ ਹੈ, ਉਹ ਗੁਰੂ ਧੰਨ ਹੈ ॥੩॥
25731	586	ਸਲੋਕੁ ਮਃ ੩॥		Salok Ma 3 ||	Shalok, Third Mehl:	
25732	586	ਸਤਿਗੁਰਿ ਮਿਲਿਐ ਭੁਖ ਗਈ ਭੇਖੀ ਭੁਖ ਨ ਜਾਇ॥	ਭੇਖੀਂ	Sathigur Miliai Bhukh Gee Bhaekhee Bhukh N Jaae ||	Meeting with the True Guru, hunger departs; by wearing the robes of a beggar, hunger does not depart.	ਗੁਰੂ ਨੂੰ ਮਿਲਿਆਂ ਹੀ (ਮਨੁੱਖ ਦੇ ਮਨ ਦੀ) ਭੁੱਖ ਦੂਰ ਹੋ ਸਕਦੀ ਹੈ, ਭੇਖਾਂ ਨਾਲ ਤ੍ਰਿਸ਼ਨਾ ਨਹੀਂ ਜਾਂਦੀ;
25733	587	ਦੁਖਿ ਲਗੈ ਘਰਿ ਘਰਿ ਫਿਰੈ ਅਗੈ ਦੂਣੀ ਮਿਲੈ ਸਜਾਇ॥		Dhukh Lagai Ghar Ghar Firai Agai Dhoonee Milai Sajaae ||	Afflicted with pain, he wanders from house to house, and in the world hereafter, he receives double punishment.	(ਭੇਖੀ ਸਾਧੂ ਤ੍ਰਿਸ਼ਨਾ ਦੇ) ਦੁੱਖ ਵਿਚ ਕਲਪਦਾ ਹੈ, ਘਰ ਘਰ ਭਟਕਦਾ ਫਿਰਦਾ ਹੈ, ਤੇ ਪਰਲੋਕ ਵਿਚ ਇਸ ਨਾਲੋਂ ਭੀ ਵਧੀਕ ਸਜ਼ਾ ਭੁਗਤਦਾ ਹੈ।
25734	587	ਅੰਦਰਿ ਸਹਜੁ ਨ ਆਇਓ ਸਹਜੇ ਹੀ ਲੈ ਖਾਇ॥		Andhar Sehaj N Aaeiou Sehajae Hee Lai Khaae ||	Peace does not come to his heart - he is not content to eat what comes his way.	ਭੇਖੀ ਸਾਧੂ ਦੇ ਮਨ ਵਿਚ ਸ਼ਾਂਤੀ ਨਹੀਂ ਆਉਂਦੀ, ਜਿਸ ਸ਼ਾਂਤੀ ਦੀ ਬਰਕਤਿ ਨਾਲ ਉਹ ਜੋ ਕੁਝ ਉਸ ਨੂੰ ਕਿਸੇ ਪਾਸੋਂ ਮਿਲੇ, ਲੈ ਕੇ ਖਾ ਲਏ (ਭਾਵ, ਤ੍ਰਿਪਤ ਹੋ ਜਾਏ);

25735	587	ਮਨ ਹਠਿ ਜਿਸ ਤੇ ਮੰਗਣਾ ਲੈਣਾ ਦੁਖੁ ਮਨਾਇ॥		Manehath Jis Thae Manganaa Lainaa Dhukh Manaae ||	With his stubborn mind, he begs, and grabs, and annoys those who give.	ਪਰ ਮਨ ਦੇ ਹਠ ਦੇ ਆਸਰੇ (ਭਿੱਖਿਆ) ਮੰਗਿਆਂ (ਦੋਹੀਂ ਧਿਰੀਂ) ਕਲੇਸ਼ ਪੈਦਾ ਕਰ ਕੇ ਹੀ ਭਿੱਖਿਆ ਲਈਦੀ ਹੈ।
25736	587	ਇਸੁ ਭੇਖੈ ਥਾਵਹੁ ਗਿਰਹੋ ਭਲਾ ਜਿਥਹੁ ਕੋ ਵਰਸਾਇ॥		Eis Bhaekhai Thhaavahu Gireho Bhalaa Jithhahu Ko Varasaae ||	Instead of wearing these beggar's robes, it is better to be a householder, and give to others.	ਇਸ ਭੇਖ ਨਾਲੋਂ ਗ੍ਰਿਹਸਥ ਚੰਗਾ ਹੈ, ਕਿਉਂਕਿ ਇਥੋਂ ਮਨੁੱਖ ਆਪਣੀ ਆਸ ਪੂਰੀ ਕਰ ਸਕਦਾ ਹੈ।
25737	587	ਸਬਦਿ ਰਤੇ ਤਿਨਾ ਸੋਝੀ ਪਈ ਦੂਜੈ ਭਰਮਿ ਭੁਲਾਇ॥		Sabadh Rathae Thinaa Sojhee Pee Dhoojai Bharam Bhulaae ||	Those who are attuned to the Word of the Shabad, acquire understanding; the others wander, deluded by doubt.	ਜੋ ਮਨੁੱਖ ਗੁਰੂ ਦੇ ਸ਼ਬਦ ਵਿਚ ਰੱਤੇ ਜਾਂਦੇ ਹਨ, ਉਹਨਾਂ ਨੂੰ ਉੱਚੀ ਸੂਝ ਪ੍ਰਾਪਤ ਹੁੰਦੀ ਹੈ; ਪਰ, ਜੋ ਮਾਇਆ ਵਿਚ ਫਸੇ ਰਹਿੰਦੇ ਹਨ, ਉਹ ਭਟਕਦੇ ਹਨ।
25738	587	ਪਇਐ ਕਿਰਤਿ ਕਮਾਵਣਾ ਕਹਣਾ ਕਛੂ ਨ ਜਾਇ॥		Paeiai Kirath Kamaavanaa Kehanaa Kashhoo N Jaae ||	They act according to their past actions; it is useless to talk to them.	ਪਿਛਲੇ ਕੀਤੇ ਕਰਮਾਂ (ਦੇ ਸੰਸਕਾਰਾਂ ਅਨੁਸਾਰ) ਦੀ ਕਾਰ ਕਮਾਉਣੀ ਪੈਂਦੀ ਹੈ। ਇਸ ਬਾਰੇ ਕੁਝ ਹੋਰ ਕੀ ਆਖਿਆ ਜਾ ਸਕਦਾ?

25739	587	ਨਾਨਕ ਜੋ ਤਿਸੁ ਭਾਵਹਿ ਸੇ ਭਲੇ ਜਿਨ ਕੀ ਪਤਿ ਪਾਵਹਿ ਥਾਇ॥੧॥		Naanak Jo This Bhaavehi Sae Bhalae Jin Kee Path Paavehi Thhaae ||1||	O Nanak, those who are pleasing unto the Lord are good; He upholds their honor. ||1||	ਹੇ ਨਾਨਕ! ਜੋ ਜੀਵ ਉਸ ਪ੍ਰਭੂ ਨੂੰ ਪਿਆਰੇ ਲੱਗਦੇ ਹਨ, ਉਹੀ ਚੰਗੇ ਹਨ, ਕਿਉਂਕਿ, ਹੇ ਪ੍ਰਭੂ! ਤੂੰ ਉਹਨਾਂ ਦੀ ਇੱਜ਼ਤ ਥਾਂਇ ਪਾਉਂਦਾ ਹੈ (ਭਾਵ, ਲਾਜ ਰੱਖਦਾ ਹੈਂ) ॥੧॥
25740	587	ਮਃ ੩॥		Ma 3 ||	Third Mehl:	
25741	587	ਸਤਿਗੁਰਿ ਸੇਵਿਐ ਸਦਾ ਸੁਖੁ ਜਨਮ ਮਰਣ ਦੁਖੁ ਜਾਇ॥		Sathigur Saeviai Sadhaa Sukh Janam Maran Dhukh Jaae ||	Serving the True Guru, one finds a lasting peace; the pains of birth and death are removed.	ਗੁਰੂ ਦੇ ਦੱਸੇ ਰਾਹ ਉੱਤੇ ਤੁਰਿਆਂ ਸਦਾ ਸੁਖ ਮਿਲਦਾ ਹੈ, ਤੇ ਜਮਣ-ਮਰਨ ਦੇ ਸਾਰੇ ਦੁਖ ਦੂਰ ਹੋ ਜਾਂਦੇ ਹਨ,
25742	587	ਚਿੰਤਾ ਮੂਲਿ ਨ ਹੋਵਈ ਅਚਿੰਤੁ ਵਸੈ ਮਨਿ ਆਇ॥	ਅ-ਚਿੰਤੁ	Chinthaa Mool N Hovee Achinth Vasai Man Aae ||	He is not troubled by anxiety, and the carefree Lord comes to dwell in the mind.	ਤੇ ਚਿੰਤਾ ਉੱਕਾ ਹੀ ਨਹੀਂ ਰਹਿੰਦੀ (ਕਿਉਂਕਿ) ਚਿੰਤਾ ਤੋਂ ਰਹਿਤ ਪ੍ਰਭੂ ਮਨ ਵਿਚ ਆ ਵੱਸਦਾ ਹੈ।
25743	587	ਅੰਤਰਿ ਤੀਰਥੁ ਗਿਆਨੁ ਹੈ ਸਤਿਗੁਰਿ ਦੀਆ ਬੁਝਾਇ॥	ਬੁੱਝਾਇ	Anthar Theerathh Giaan Hai Sathigur Dheeaa Bujhaae ||	Deep within himself, is the sacred shrine of spiritual wisdom, revealed by the True Guru.	ਸਤਿਗੁਰੂ ਨੇ ਇਸ ਸਮਝ ਬਖ਼ਸ਼ੀ ਹੈ ਕਿ ਮਨੁੱਖ ਦੇ ਅੰਦਰ ਹੀ ਗਿਆਨ (-ਰੂਪ) ਤੀਰਥ ਹੈ।

25744	587	ਮੈਲੁ ਗਈ ਮਨੁ ਨਿਰਮਲੁ ਹੋਆ ਅੰਮ੍ਰਿਤ ਸਰਿ ਤੀਰਥਿ ਨਾਇ॥	ਅੰਮ੍ਰਿਤ	Mail Gee Man Niramal Hoaa Anmrith Sar Theerathh Naae ||	His filth is removed, and his soul becomes immaculately pure, bathing in the sacred shrine, the pool of Ambrosial Nectar.	ਜੋ ਨਾਮ-ਅੰਮ੍ਰਿਤ ਦੇ ਸਰੋਵਰ ਵਿਚ ਤੀਰਥ ਨ੍ਹਾਉਂਦਾ ਹੈ ਉਸ ਦੀ (ਮਨ ਦੇ ਵਿਕਾਰਾਂ ਦੀ) ਮੈਲ ਦੂਰ ਹੋ ਜਾਂਦੀ ਹੈ ਤੇ ਮਨ ਪਵਿਤ੍ਰ ਹੋ ਜਾਂਦਾ ਹੈ।
25745	587	ਸਜਣ ਮਿਲੇ ਸਜਣਾ ਸਚੈ ਸਬਦਿ ਸੁਭਾਇ॥		Sajan Milae Sajanaa Sachai Sabadh Subhaae ||	The friend meets with the True Friend, the Lord, through the love of the Shabad.	ਸਤਿਗੁਰੂ ਦੇ ਸੱਚੇ ਸ਼ਬਦ ਦੀ ਬਰਕਤਿ ਨਾਲ ਸਹਿਜੇ ਹੀ ਸਤਸੰਗੀਆਂ ਨੂੰ ਸਤਸੰਗੀ ਆ ਮਿਲਦੇ ਹਨ,
25746	587	ਘਰ ਹੀ ਪਰਚਾ ਪਾਇਆ ਜੋਤੀ ਜੋਤਿ ਮਿਲਾਇ॥	(ਪਰਚਾ) ਮੇਲ	Ghar Hee Parachaa Paaeiaa Jothee Joth Milaae ||	Within the home of his own being, he finds the Divine Self, and his light blends with the Light.	ਹਿਰਦੇ-ਰੂਪ ਘਰ ਵਿਚ ਉਹਨਾਂ ਨੂੰ (ਪ੍ਰਭੂ-ਸਿਮਰਨ ਰੂਪ) ਆਹਰ ਮਿਲ ਜਾਂਦਾ ਹੈ ਤੇ ਪ੍ਰਭੂ ਵਿਚ ਬਿਰਤੀ ਜੁੜ ਜਾਂਦੀ ਹੈ।
25747	587	ਪਾਖੰਡਿ ਜਮਕਾਲੁ ਨ ਛੋਡਈ ਲੈ ਜਾਸੀ ਪਤਿ ਗਵਾਇ॥		Paakhandd Jamakaal N Shhoddee Lai Jaasee Path Gavaae ||	The Messenger of Death does not leave the hypocrite; he is led away in dishonor.	ਪਰ, ਪਖੰਡ ਕੀਤਿਆਂ ਮੌਤ ਦਾ ਸਹਮ ਨਹੀਂ ਛੱਡਦਾ, (ਪਖੰਡ ਦੀ) ਇੱਜ਼ਤ ਮਿਟਾ ਕੇ ਮੌਤ ਇਸ ਨੂੰ ਲੈ ਤੁਰਦੀ ਹੈ।
25748	587	ਨਾਨਕ ਨਾਮਿ ਰਤੇ ਸੇ ਉਬਰੇ ਸਚੇ ਸਿਉ ਲਿਵ ਲਾਇ॥੨॥		Naanak Naam Rathae Sae Oubarae Sachae Sio Liv Laae ||2||	O Nanak, those who are imbued with the Naam are saved; they are in love with the True Lord. ||2||	ਹੇ ਨਾਨਕ! ਜੋ ਮਨੁੱਖ ਨਾਮ ਵਿਚ ਰੰਗੇ ਹੋਏ ਹਨ ਉਹ ਸਦਾ-ਥਿਰ ਰਹਿਣ ਵਾਲੇ ਪ੍ਰਭੂ (ਦੇ ਚਰਨਾਂ) ਵਿਚ ਸੁਰਤ ਜੋੜ ਕੇ (ਇਸ ਸਹਮ ਤੋਂ) ਬਚ ਜਾਂਦੇ ਹਨ ॥੨॥
25749	587	ਪਉੜੀ॥	ਸਤ-ਸੰਗਤੀ	Pourree ||	Pauree:	

25750	587	ਤਿਤੁ ਜਾਇ ਬਹਹੁ ਸਤਸੰਗਤੀ ਜਿਥੈ ਹਰਿ ਕਾ ਹਰਿ ਨਾਮੁ ਬਿਲੋਈਐ॥		Thith Jaae Behahu Sathasangathee Jithhai Har Kaa Har Naam Biloeeai ||	Go, and sit in the Sat Sangat, the True Congregation, where the Name of the Lord is churned.	ਉਸ ਸਤਸੰਗ ਵਿਚ ਜਾ ਕੇ ਬੈਠੋ, ਜਿਥੇ ਪ੍ਰਭੂ ਦੇ ਨਾਮ ਦੀ ਵਿਚਾਰ ਹੁੰਦੀ ਹੈ,
25751	587	ਸਹਜੇ ਹੀ ਹਰਿ ਨਾਮੁ ਲੇਹੁ ਹਰਿ ਤਤੁ ਨ ਖੋਈਐ॥		Sehajae Hee Har Naam Laehu Har Thath N Khoeeai ||	In peace and poise, contemplate the Lord's Name - don't lose the essence of the Lord.	(ਉਥੇ ਜਾ ਕੇ) ਮਨ ਟਿਕਾ ਕੇ ਹਰੀ ਦਾ ਨਾਮ ਜਪੋ, ਤਾਂ ਜੋ ਨਾਮ-ਤੱਤ ਖੁੱਸ ਨਾਹ ਜਾਏ।
25752	587	ਨਿਤ ਜਪਿਅਹੁ ਹਰਿ ਹਰਿ ਦਿਨਸੁ ਰਾਤਿ ਹਰਿ ਦਰਗਹ ਢੋਈਐ॥		Nith Japiahu Har Har Dhinas Raath Har Dharageh Dtoeeai ||	Chant the Name of the Lord, Har, Har, constantly, day and night, and you shall be accepted in the Court of the Lord.	ਸਦਾ ਦਿਨ ਰਾਤ ਹਰੀ ਦਾ ਨਾਮ ਜਪੋ, ਇਹ ਨਾਮ-ਰੂਪ ਢੋਆ ਲੈ ਕੇ ਹੀ ਪ੍ਰਭੂ ਦੀ ਹਜ਼ੂਰੀ ਵਿਚ ਅੱਪੜੀਦਾ ਹੈ।
25753	587	ਸੋ ਪਾਏ ਪੂਰਾ ਸਤਿਗੁਰੂ ਜਿਸੁ ਧੁਰਿ ਮਸਤਕਿ ਲਿਲਾਟਿ ਲਿਖੋਈਐ॥		So Paaeae Pooraa Sathaguroo Jis Dhhur Masathak Lilaatt Likhoeeai ||	He alone finds the Perfect True Guru, on whose forehead such a pre-ordained destiny is written.	ਪਰ, ਉਸੇ ਮਨੁੱਖ ਨੂੰ ਪੂਰਾ ਗੁਰੂ ਲੱਭਦਾ ਹੈ, ਜਿਸ ਦੇ ਮੱਥੇ ਉਤੇ ਧੁਰੋਂ (ਭਲੇ ਕਰਮਾਂ ਦੇ ਸੰਸਕਾਰਾਂ ਦਾ ਲੇਖ) ਲਿਖਿਆ ਹੋਇਆ ਹੈ।

25754	587	ਤਿਸੁ ਗੁਰ ਕੰਉ ਸਭਿ ਨਮਸਕਾਰੁ ਕਰਹੁ ਜਿਨਿ ਹਰਿ ਕੀ ਹਰਿ ਗਾਲ ਗਲੋਈਐ॥੪॥		This Gur Kano Sabh Namasakaar Karahu Jin Har Kee Har Gaal Galoeeai ||4||	Let everyone bow in worship to the Guru, who utters the sermon of the Lord. ||4||	ਸਾਰੇ ਉਸ ਗੁਰੂ ਨੂੰ ਸਿਰ ਨਿਵਾਓ ਜੋ ਸਦਾ ਪ੍ਰਭੂ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਕਰਦਾ ਹੈ ॥੪॥
25755	587	ਸਲੋਕ ਮਃ ੩॥		Salok Ma 3 ||	Shalok, Third Mehl:	
25756	587	ਸਜਣ ਮਿਲੇ ਸਜਣਾ ਜਿਨ ਸਤਗੁਰ ਨਾਲਿ ਪਿਆਰੁ॥		Sajan Milae Sajanaa Jin Sathagur Naal Piaar ||	The friends who love the True Guru, meet with the Lord, the True Friend.	ਉਹ ਸਤਸੰਗੀ ਸਤਸੰਗੀਆਂ ਨੂੰ ਮਿਲਦੇ ਹਨ ਜਿਨ੍ਹਾਂ ਦਾ ਗੁਰੂ ਨਾਲ ਪ੍ਰੇਮ ਹੁੰਦਾ ਹੈ।
25757	587	ਮਿਲਿ ਪ੍ਰੀਤਮ ਤਿਨੀ ਧਿਆਇਆ ਸਚੈ ਪ੍ਰੇਮਿ ਪਿਆਰੁ॥		Mil Preetham Thinee Dhhiaaeiaa Sachai Praem Piaar ||	Meeting their Beloved, they meditate on the True Lord with love and affection.	ਉਹ ਮਿਲ ਕੇ ਪ੍ਰਭੂ ਪ੍ਰੀਤਮ ਨੂੰ ਸਿਮਰਦੇ ਹਨ ਕਿਉਂਕਿ ਸੱਚੇ ਪਿਆਰ ਵਿਚ ਉਹਨਾਂ ਦੀ ਬਿਰਤੀ ਜੁੜੀ ਰਹਿੰਦੀ ਹੈ;।
25758	587	ਮਨ ਹੀ ਤੇ ਮਨੁ ਮਾਨਿਆ ਗੁਰ ਕੈ ਸਬਦਿ ਅਪਾਰਿ॥		Man Hee Thae Man Maaniaa Gur Kai Sabadh Apaar ||	Their minds are appeased by their own minds, through the incomparable Word of the Guru's Shabad.	ਸਤਿਗੁਰੂ ਦੇ ਅਪਾਰ ਸ਼ਬਦ ਦੀ ਬਰਕਤਿ ਨਾਲ ਉਹਨਾਂ ਦਾ ਮਨ ਆਪਣੇ ਆਪ ਤੋਂ ਹੀ ਪ੍ਰਭੂ ਵਿਚ ਪਤੀਜ ਜਾਂਦਾ ਹੈ।

25759	587	ਏਹਿ ਸਜਣ ਮਿਲੇ ਨ ਵਿਛੁੜਹਿ ਜਿ ਆਪਿ ਮੇਲੇ ਕਰਤਾਰਿ॥		Eaehi Sajan Milae N Vishhurrehi J Aap Maelae Karathaar ||	These friends are united, and will not be separated again; they have been united by the Creator Lord Himself.	ਅਜੇਹੇ ਸਤਸੰਗੀ (ਇਕ ਵਾਰੀ) ਮਿਲੇ ਹੋਏ ਫਿਰ ਵਿਛੁੜਦੇ ਨਹੀਂ ਹਨ, ਕਿਉਂਕਿ ਕਰਤਾਰ ਨੇ ਆਪ ਇਹਨਾਂ ਨੂੰ ਮਿਲਾ ਦਿੱਤਾ ਹੈ।
25760	587	ਇਕਨਾ ਦਰਸਨ ਕੀ ਪਰਤੀਤਿ ਨ ਆਈਆ ਸਬਦਿ ਨ ਕਰਹਿ ਵੀਚਾਰੁ॥		Eikanaa Dharasan Kee Paratheeth N Aaeeaa Sabadh N Karehi Veechaar ||	Some do not believe in the Blessed Vision of the Guru's Darshan; they do not contemplate the Shabad.	ਇਕਨਾਂ (ਵਿਛੁੜੇ ਹੋਇਆਂ) ਨੂੰ ਪ੍ਰਭੂ ਦੇ ਦੀਦਾਰ ਦਾ ਯਕੀਨ ਹੀ ਨਹੀਂ ਬੱਝਦਾ, ਕਿਉਂਕਿ ਉਹ ਗੁਰੂ ਦੇ ਸ਼ਬਦ ਵਿਚ ਕਦੇ ਵਿਚਾਰ ਹੀ ਨਹੀਂ ਕਰਦੇ।
25761	587	ਵਿਛੁੜਿਆ ਕਾ ਕਿਆ ਵਿਛੁੜੈ ਜਿਨਾ ਦੂਜੈ ਭਾਇ ਪਿਆਰੁ॥		Vishhurriaa Kaa Kiaa Vishhurrai Jinaa Dhoojai Bhaae Piaar ||	The separated ones are in love with duality - what more separation can they suffer?	ਪਰ, ਜਿਨ੍ਹਾਂ ਮਨੁੱਖਾਂ ਦੀ ਸੁਰਤ ਸਦਾ ਮਾਇਆ ਦੇ ਮੋਹ ਵਿਚ ਜੁੜੀ ਰਹਿੰਦੀ ਹੈ, ਉਹਨਾਂ (ਪ੍ਰਭੂ ਤੋਂ) ਵਿਛੁੜੇ ਹੋਇਆਂ ਦਾ ਹੋਰ ਵਿਛੋੜਾ ਕੀਹ ਹੋਣਾ ਹੋਇਆ?
25762	587	ਮਨਮੁਖ ਸੇਤੀ ਦੋਸਤੀ ਥੋੜੜਿਆ ਦਿਨ ਚਾਰਿ॥		Manamukh Saethee Dhosathee Thhorrarriaa Dhin Chaar ||	Friendship with the self-willed manmukhs lasts for only a few short days.	ਆਪਣੇ ਮਨ ਦੇ ਪਿਛੇ ਤੁਰਣ ਵਾਲਿਆਂ ਦੀ ਮਿੱਤ੍ਰਤਾ ਥੋੜੇ ਹੀ ਦੋ ਚਾਰ ਦਿਨ ਲਈ ਹੀ ਰਹਿ ਸਕਦੀ ਹੈ।

25763	587	ਇਸੁ ਪਰੀਤੀ ਤੁਟਦੀ ਵਿਲਮੁ ਨ ਹੋਵਈ ਇਤੁ ਦੋਸਤੀ ਚਲਨਿ ਵਿਕਾਰ॥		Eis Pareethee Thuttadhee Vilam N Hovee Eith Dhosathee Chalan Vikaar ||	This friendship is broken in an instant; this friendship leads to corruption.	ਇਸ ਮਿੱਤ੍ਰਤਾ ਦੇ ਟੁੱਟਦਿਆਂ ਚਿਰ ਨਹੀਂ ਲੱਗਦਾ, (ਉਂਞ ਭੀ) ਇਸ ਮਿੱਤ੍ਰਤਾ ਵਿਚੋਂ ਬੁਰਾਈਆਂ ਹੀ ਨਿਕਲਦੀਆਂ ਹਨ।
25764	587	ਜਿਨਾ ਅੰਦਰਿ ਸਚੇ ਕਾ ਭਉ ਨਾਹੀ ਨਾਮਿ ਨ ਕਰਹਿ ਪਿਆਰੁ॥		Jinaa Andhar Sachae Kaa Bho Naahee Naam N Karehi Piaar ||	They do not fear the True Lord within their hearts, and they do not love the Naam.	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਡਰ ਨਹੀਂ, ਜੋ ਪਰਮਾਤਮਾ ਦੇ ਨਾਮ ਵਿਚ ਕਦੇ ਪਿਆਰ ਨਹੀਂ ਪਾਉਂਦੇ,
25765	587	ਨਾਨਕ ਤਿਨ ਸਿਉ ਕਿਆ ਕੀਚੈ ਦੋਸਤੀ ਜਿ ਆਪਿ ਭੁਲਾਏ ਕਰਤਾਰਿ॥੧॥		Naanak Thin Sio Kiaa Keechai Dhosathee J Aap Bhulaaeae Karathaar ||1||	O Nanak, why become friends with those whom the Creator Lord Himself has misled? ||1||	ਹੇ ਨਾਨਕ! ਉਹਨਾਂ ਨਾਲ ਸਾਂਝ ਕਿਉਂ ਪਾਈਏ ਜੋ ਪਰਮਾਤਮਾ ਨੂੰ ਭੁਲੇ ਫਿਰਦੇ ਹਨ? ॥੧॥
25766	587	ਮਃ ੩॥		Ma 3 ||	Third Mehl:	

25767	587	ਇਕਿ ਸਦਾ ਇਕਤੈ ਰੰਗਿ ਰਹਹਿ ਤਿਨ ਕੈ ਹਉ ਸਦ ਬਲਿਹਾਰੈ ਜਾਉ॥		Eik Sadhaa Eikathai Rang Rehehi Thin Kai Ho Sadh Balihaarai Jaao ||	Some remain constantly imbued with the Lord's Love; I am forever a sacrifice to them.	ਕਈ (ਵਡ-ਭਾਗੀ) ਮਨੁੱਖ ਇਕ (ਪ੍ਰਭੂ ਦੇ) ਰੰਗ ਵਿਚ ਹੀ (ਮਸਤ) ਰਹਿੰਦੇ ਹਨ, ਮੈਂ ਉਹਨਾਂ ਤੋਂ ਕੁਰਬਾਨ ਹਾਂ;
25768	587	ਤਨੁ ਮਨੁ ਧਨੁ ਅਰਪੀ ਤਿਨ ਕਉ ਨਿਵਿ ਨਿਵਿ ਲਾਗਉ ਪਾਇ॥		Than Man Dhhan Arapee Thin Ko Niv Niv Laago Paae ||	I dedicate my mind, soul and wealth to them; bowing low, I fall at their feet.	(ਮੇਰਾ ਚਿੱਤ ਕਰਦਾ ਹੈ) ਆਪਣਾ ਤਨ ਮਨ ਧਨ ਉਹਨਾਂ ਦੀ ਭੇਟ ਕਰ ਦਿਆਂ ਤੇ ਨਿਉਂ ਨਿਉਂ ਕੇ ਉਹਨਾਂ ਦੀ ਪੈਰੀਂ ਲੱਗਾਂ।
25769	587	ਤਿਨ ਮਿਲਿਆ ਮਨੁ ਸੰਤੋਖੀਐ ਤ੍ਰਿਸਨਾ ਭੁਖ ਸਭ ਜਾਇ॥		Thin Miliaa Man Santhokheeai Thrisanaa Bhukh Sabh Jaae ||	Meeting them, the soul is satisfied, and one's hunger and thirst all depart.	ਉਹਨਾਂ ਨੂੰ ਮਿਲਿਆਂ ਮਨ ਨੂੰ ਠੰਢ ਪੈਂਦੀ ਹੈ, ਸਾਰੀ ਤ੍ਰਿਸ਼ਨਾ ਤੇ ਭੁੱਖ ਦੂਰ ਹੋ ਜਾਂਦੀ ਹੈ।
25770	587	ਨਾਨਕ ਨਾਮਿ ਰਤੇ ਸੁਖੀਏ ਸਦਾ ਸਚੇ ਸਿਉ ਲਿਵ ਲਾਇ॥੨॥		Naanak Naam Rathae Sukheeeae Sadhaa Sachae Sio Liv Laae ||2||	O Nanak, those who are attuned to the Naam are happy forever; they lovingly focus their minds on the True Lord. ||2||	ਹੇ ਨਾਨਕ! ਨਾਮ ਵਿਚ ਭਿੱਜੇ ਹੋਏ ਮਨੁੱਖ ਸੱਚੇ ਪ੍ਰਭੂ ਨਾਲ ਚਿੱਤ ਜੋੜ ਕੇ ਸਦਾ ਸੁਖਾਲੇ ਰਹਿੰਦੇ ਹਨ ॥੨॥
25771	587	ਪਉੜੀ॥		Pourree ||	Pauree:	

25772	587	ਤਿਸੁ ਗੁਰ ਕਉ ਹਉ ਵਾਰਿਆ ਜਿਨਿ ਹਰਿ ਕੀ ਹਰਿ ਕਥਾ ਸੁਣਾਈ॥		This Gur Ko Ho Vaariaa Jin Har Kee Har Kathhaa Sunaaee ||	I am a sacrifice to the Guru, who recites the sermon of the Lord's Teachings.	ਮੈਂ ਸਦਕੇ ਹਾਂ ਉਸ ਸਤਿਗੁਰੂ ਤੋਂ ਜਿਸ ਨੇ ਪ੍ਰਭੂ ਦੀ ਗੱਲ ਸੁਣਾਈ ਹੈ।
25773	588	ਤਿਸੁ ਗੁਰ ਕਉ ਸਦ ਬਲਿਹਾਰਣੈ ਜਿਨਿ ਹਰਿ ਸੇਵਾ ਬਣਤ ਬਣਾਈ॥		This Gur Ko Sadh Balihaaranai Jin Har Saevaa Banath Banaaee ||	I am forever a sacrifice to that Guru, who has led me to serve the Lord.	ਮੈਂ ਸਦਕੇ ਹਾਂ ਉਸ ਸਤਿਗੁਰੂ ਤੋਂ ਜਿਸ ਨੇ ਪ੍ਰਭੂ ਦੀ ਭਗਤੀ ਦੀ ਰੀਤ ਚਲਾਈ ਹੈ।
25774	588	ਸੋ ਸਤਿਗੁਰੁ ਪਿਆਰਾ ਮੇਰੈ ਨਾਲਿ ਹੈ ਜਿਥੈ ਕਿਥੈ ਮੈਨੋ ਲਏ ਛਡਾਈ॥		So Sathigur Piaaraa Maerai Naal Hai Jithhai Kithhai Maino Leae Shhaddaaee ||	That Beloved True Guru is always with me; wherever I may be, He will save me.	ਉਹ ਪਿਆਰਾ ਸਤਿਗੁਰੂ ਮੇਰੇ ਅੰਗ ਸੰਗ ਹੈ, ਸਭ ਥਾਈਂ ਮੈਨੂੰ (ਵਿਕਾਰਾਂ ਤੋਂ) ਛਡਾ ਲੈਂਦਾ ਹੈ।
25775	588	ਤਿਸੁ ਗੁਰ ਕਉ ਸਾਬਾਸਿ ਹੈ ਜਿਨਿ ਹਰਿ ਸੋਝੀ ਪਾਈ॥		This Gur Ko Saabaas Hai Jin Har Sojhee Paaee ||	Most blessed is that Guru, who imparts understanding of the Lord.	ਸ਼ਾਬਾਸ਼ੇ ਉਸ ਸਤਿਗੁਰੂ ਨੂੰ ਜਿਸ ਨੇ ਮੈਨੂੰ ਪਰਮਾਤਮਾ ਦੀ ਸੂਝ ਪਾਈ ਹੈ।

25776	588	ਨਾਨਕੁ ਗੁਰ ਵਿਟਹੁ ਵਾਰਿਆ ਜਿਨਿ ਹਰਿ ਨਾਮੁ ਦੀਆ ਮੇਰੇ ਮਨ ਕੀ ਆਸ ਪੁਰਾਈ॥੫॥		Naanak Gur Vittahu Vaariaa Jin Har Naam Dheeaa Maerae Man Kee Aas Puraaee ||5||	O Nanak, I am a sacrifice to the Guru, who has given me the Lord's Name, and fulfilled the desires of my mind. ||5||	ਜਿਸ ਗੁਰੂ ਨੇ ਮੈਨੂੰ ਪਰਮਾਤਮਾ ਦਾ ਨਾਮ ਦਿੱਤਾ ਹੈ ਤੇ ਮੇਰੇ ਮਨ ਦੀ ਆਸ ਪੂਰੀ ਕੀਤੀ ਹੈ ਮੈਂ ਨਾਨਕ ਉਸ ਤੋਂ ਸਦਕੇ ਹਾਂ ॥੫॥
25777	588	ਸਲੋਕ ਮਃ ੩॥		Salok Ma 3 ||	Shalok, Third Mehl:	
25778	588	ਤ੍ਰਿਸਨਾ ਦਾਧੀ ਜਲਿ ਮੁਈ ਜਲਿ ਜਲਿ ਕਰੇ ਪੁਕਾਰ॥		Thrisanaa Dhaadhhee Jal Muee Jal Jal Karae Pukaar ||	Consumed by desires, the world is burning and dying; burning and burning, it cries out.	ਦੁਨੀਆ ਤ੍ਰਿਸ਼ਨਾ ਦੀ ਸਾੜੀ ਹੋਈ ਦੁੱਖੀ ਹੋ ਰਹੀ ਹੈ, ਸੜ ਸੜ ਕੇ ਵਿਲਕ ਰਹੀ ਹੈ।
25779	588	ਸਤਿਗੁਰ ਸੀਤਲ ਜੇ ਮਿਲੈ ਫਿਰਿ ਜਲੈ ਨ ਦੂਜੀ ਵਾਰ॥		Sathigur Seethal Jae Milai Fir Jalai N Dhoojee Vaar ||	But if it meets with the cooling and soothing True Guru, it does not burn any longer.	ਜੇ ਇਹ ਠੰਡ ਪਾਣ ਵਾਲੇ ਗੁਰੂ ਨੂੰ ਮਿਲ ਪਏ, ਤਾਂ ਫਿਰ ਦੂਜੀ ਵਾਰੀ ਨਾਹ ਸੜੇ।
25780	588	ਨਾਨਕ ਵਿਣੁ ਨਾਵੈ ਨਿਰਭਉ ਕੋ ਨਹੀ ਜਿਚਰੁ ਸਬਦਿ ਨ ਕਰੇ ਵੀਚਾਰੁ॥੧॥		Naanak Vin Naavai Nirabho Ko Nehee Jichar Sabadh N Karae Veechaar ||1||	O Nanak, without the Name, and without contemplating the Word of the Shabad, no one becomes fearless. ||1||	ਹੇ ਨਾਨਕ! ਨਾਮ ਤੋਂ ਬਿਨਾ ਕਿਸੇ ਦਾ ਭੀ ਡਰ ਨਹੀਂ ਮੁੱਕਦਾ, ਜਦ ਤਕ ਗੁਰੂ ਦੇ ਸ਼ਬਦ ਦੀ ਰਾਹੀਂ ਮਨੁੱਖ ਪ੍ਰਭੂ ਦੀ ਵਿਚਾਰ ਨਾਹ ਕਰੇ ॥੧॥
25781	588	ਮਃ ੩॥		Ma 3 ||	Third Mehl:	

25782	588	ਭੇਖੀ ਅਗਨਿ ਨ ਬੁਝਈ ਚਿੰਤਾ ਹੈ ਮਨ ਮਾਹਿ॥	ਭੇਖੀਂ। ਬੁਝਈ:ਪੋਲਾ ਬੋਲੋ	Bhaekhee Agan N Bujhee Chinthaa Hai Man Maahi ||	Wearing ceremonial robes, the fire is not quenched, and the mind is filled with anxiety.	ਭੇਖ ਧਾਰਿਆਂ (ਤ੍ਰਿਸ਼ਨਾ ਦੀ) ਅੱਗ ਨਹੀਂ ਬੁੱਝਦੀ, ਮਨ ਵਿਚ ਚਿੰਤਾ ਟਿਕੀ ਰਹਿੰਦੀ ਹੈ।
25783	588	ਵਰਮੀ ਮਾਰੀ ਸਾਪੁ ਨ ਮਰੈ ਤਿਉ ਨਿਗੁਰੇ ਕਰਮ ਕਮਾਹਿ॥	ਸ੍ਰੀਰ ਨੂੰ ਕਸ਼ਟ ਦੇਣੇਕਰਕੇ, ਸਾਪੁਮਨ ਨਹੀਂ ਮਰਦਾ	Varamee Maaree Saap N Marai Thio Nigurae Karam Kamaahi ||	Destroying the snake's hole, the snake is not killed; it is just like doing deeds without a Guru.	ਉਹ ਮਨੁੱਖ ਤਿਵੇਂ ਦੇ ਕਰਮ ਕਰਦੇ ਹਨ ਜਿਵੇਂ ਸੱਪ ਦੀ ਰੁੱਡ ਬੰਦ ਕੀਤਿਆਂ ਸੱਪ ਨਹੀਂ ਮਰਦਾ।
25784	588	ਸਤਿਗੁਰੁ ਦਾਤਾ ਸੇਵੀਐ ਸਬਦੁ ਵਸੈ ਮਨਿ ਆਇ॥		Sathigur Dhaathaa Saeveeai Sabadh Vasai Man Aae ||	Serving the Giver, the True Guru, the Shabad comes to abide in the mind.	ਜੇ (ਨਾਮ ਦੀ ਦਾਤਿ) ਦੇਣ ਵਾਲੇ ਗੁਰੂ ਦੀ ਦੱਸੀ ਹੋਈ ਕਾਰ ਕਰੀਏ ਤਾਂ ਗੁਰੂ ਦਾ ਸ਼ਬਦ ਮਨ ਵਿਚ ਆ ਵੱਸਦਾ ਹੈ।
25785	588	ਮਨੁ ਤਨੁ ਸੀਤਲੁ ਸਾਂਤਿ ਹੋਇ ਤ੍ਰਿਸਨਾ ਅਗਨਿ ਬੁਝਾਇ॥	ਬੁਝਾਇ:ਪੋਲਾ ਬੋਲੋ	Man Than Seethal Saanth Hoe Thrisanaa Agan Bujhaae ||	The mind and body are cooled and soothed; peace ensues, and the fire of desire is quenched.	ਫਿਰ, ਮਨ ਤਨ ਠੰਢਾ ਠਾਰ ਹੋ ਜਾਂਦਾ ਹੈ, ਤ੍ਰਿਸ਼ਨਾ ਦੀ ਅੱਗ ਬੁਝ ਜਾਂਦੀ ਹੈ।
25786	588	ਸੁਖਾ ਸਿਰਿ ਸਦਾ ਸੁਖੁ ਹੋਇ ਜਾ ਵਿਚਹੁ ਆਪੁ ਗਵਾਇ॥		Sukhaa Sir Sadhaa Sukh Hoe Jaa Vichahu Aap Gavaae ||	The supreme comforts and lasting peace are obtained, when one eradicates ego from within.	(ਗੁਰੂ ਦੀ ਸੇਵਾ ਵਿਚ) ਜਦੋਂ ਮਨੁੱਖ ਅਹੰਕਾਰ ਦੂਰ ਕਰਦਾ ਹੈ ਤਾਂ ਸਭ ਤੋਂ ਸ੍ਰੇਸ਼ਟ ਸੁਖ ਮਿਲਦਾ ਹੈ।

25787	588	ਗੁਰਮੁਖਿ ਉਦਾਸੀ ਸੋ ਕਰੇ ਜਿ ਸਚਿ ਰਹੈ ਲਿਵ ਲਾਇ॥		Guramukh Oudhaasee So Karae J Sach Rehai Liv Laae ||	He alone becomes a detached Gurmukh, who lovingly focuses his consciousness on the True Lord.	ਗੁਰੂ ਦੇ ਸਨਮੁਖ ਹੋਇਆ ਹੋਇਆ ਉਹ ਮਨੁੱਖ ਹੀ (ਤ੍ਰਿਸ਼ਨਾ ਵਲੋਂ) ਤਿਆਗ ਕਰਦਾ ਹੈ ਜੋ ਸੱਚੇ ਨਾਮ ਵਿਚ ਸੁਰਤ ਜੋੜੀ ਰੱਖਦਾ ਹੈ।
25788	588	ਚਿੰਤਾ ਮੂਲਿ ਨ ਹੋਵਈ ਹਰਿ ਨਾਮਿ ਰਜਾ ਆਘਾਇ॥	ਰੱਜਾ	Chinthaa Mool N Hovee Har Naam Rajaa Aaghaae ||	Anxiety does not affect him at all; he is satisfied and satiated with the Name of the Lord.	ਉਸ ਨੂੰ ਚਿੰਤਾ ਉੱਕਾ ਹੀ ਨਹੀਂ ਹੁੰਦੀ, ਪ੍ਰਭੂ ਦੇ ਨਾਲ ਹੀ ਉਹ ਚੰਗੀ ਤਰ੍ਹਾਂ ਰੱਜਿਆ ਰਹਿੰਦਾ ਹੈ।
25789	588	ਨਾਨਕ ਨਾਮ ਬਿਨਾ ਨਹ ਛੂਟੀਐ ਹਉਮੈ ਪਚਹਿ ਪਚਾਇ॥੨॥		Naanak Naam Binaa Neh Shhootteeai Houmai Pachehi Pachaae ||2||	O Nanak, without the Naam, no one is saved; they are utterly ruined by egotism. ||2||	ਹੇ ਨਾਨਕ! ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ (ਤ੍ਰਿਸ਼ਨਾ ਦੀ ਅੱਗ ਤੋਂ) ਬਚ ਨਹੀਂ ਸਕੀਦਾ, (ਨਾਮ ਤੋਂ ਬਿਨਾ) ਜੀਵ ਅਹੰਕਾਰ ਵਿਚ ਪਏ ਸੜਦੇ ਹਨ ॥੨॥
25790	588	ਪਉੜੀ॥		Pourree ||	Pauree:	
25791	588	ਜਿਨੀ ਹਰਿ ਹਰਿ ਨਾਮੁ ਧਿਆਇਆ ਤਿਨੀ ਪਾਇਅੜੇ ਸਰਬ ਸੁਖਾ॥	ਸੁਖਾ:ਪੋਲਾ ਬੋਲੋ	Jinee Har Har Naam Dhhiaaeiaa Thinee Paaeiarrae Sarab Sukhaa ||	Those who meditate on the Lord, Har, Har, obtain all peace and comforts.	ਜਿਨ੍ਹਾਂ ਨੇ ਪ੍ਰਭੂ ਦਾ ਨਾਮ ਸਿਮਰਿਆ ਹੈ, ਉਹਨਾਂ ਨੂੰ ਸਾਰੇ ਸੁਖ ਮਿਲ ਗਏ ਹਨ,

25792	588	ਸਭੁ ਜਨਮੁ ਤਿਨਾ ਕਾ ਸਫਲੁ ਹੈ ਜਿਨ ਹਰਿ ਕੇ ਨਾਮ ਕੀ ਮਨਿ ਲਾਗੀ ਭੁਖਾ॥	ਭੁੱਖਾ	Sabh Janam Thinaa Kaa Safal Hai Jin Har Kae Naam Kee Man Laagee Bhukhaa ||	Fruitful is the entire life of those, who hunger for the Name of the Lord in their minds.	ਉਹਨਾਂ ਦਾ ਸਾਰਾ ਜੀਵਨ ਸਫਲ ਹੋਇਆ ਹੈ ਜਿਨ੍ਹਾਂ ਦੇ ਮਨ ਵਿਚ ਪ੍ਰਭੂ ਦੇ ਨਾਮ ਦੀ ਭੁੱਖ ਲੱਗੀ ਹੋਈ ਹੈ (ਭਾਵ, 'ਨਾਮ' ਜਿਨ੍ਹਾਂ ਦੀ ਜ਼ਿੰਦਗੀ ਦਾ ਆਸਰਾ ਹੋ ਜਾਂਦਾ ਹੈ)।
25793	588	ਜਿਨੀ ਗੁਰ ਕੈ ਬਚਨਿ ਆਰਾਧਿਆ ਤਿਨ ਵਿਸਰਿ ਗਏ ਸਭਿ ਦੁਖਾ॥	ਦੁੱਖਾ	Jinee Gur Kai Bachan Aaraadhhiaa Thin Visar Geae Sabh Dhukhaa ||	Those who worship the Lord in adoration, through the Word of the Guru's Shabad, forget all their pains and suffering.	ਜਿਨ੍ਹਾਂ ਨੇ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦਾ ਸਿਮਰਨ ਕੀਤਾ ਹੈ, ਉਹਨਾਂ ਦੇ ਸਾਰੇ ਦੁਖ ਦੂਰ ਹੋ ਗਏ ਹਨ।
25794	588	ਤੇ ਸੰਤ ਭਲੇ ਗੁਰਸਿਖ ਹੈ ਜਿਨ ਨਾਹੀ ਚਿੰਤ ਪਰਾਈ ਚੁਖਾ॥	(ਚੁੱਖਾ) ਥੋੜੀ	Thae Santh Bhalae Gurasikh Hai Jin Naahee Chinth Paraaee Chukhaa ||	Those Gursikhs are good Saints, who care for nothing other than the Lord.	ਉਹ ਗੁਰਸਿੱਖ ਚੰਗੇ ਸੰਤ ਹਨ ਜਿਨ੍ਹਾਂ ਨੇ (ਪ੍ਰਭੂ ਤੋਂ ਬਿਨਾ) ਹੋਰ ਕਿਸੇ ਦੀ ਰਤਾ ਭੀ ਆਸ ਨਹੀਂ ਰੱਖੀ।
25795	588	ਧਨੁ ਧੰਨੁ ਤਿਨਾ ਕਾ ਗੁਰੂ ਹੈ ਜਿਸੁ ਅੰਮ੍ਰਿਤ ਫਲ ਹਰਿ ਲਾਗੇ ਮੁਖਾ॥੬॥	ਮੁੱਖਾ	Dhhan Dhhann Thinaa Kaa Guroo Hai Jis Anmrith Fal Har Laagae Mukhaa ||6||	Blessed, blessed is their Guru, whose mouth tastes the Ambrosial Fruit of the Lord's Name. ||6||	ਉਹਨਾਂ ਦਾ ਗੁਰੂ ਭੀ ਧੰਨ ਹੈ, ਭਾਗਾਂ ਵਾਲਾ ਹੈ, ਜਿਸ ਦੇ ਮੂੰਹ ਨੂੰ (ਪ੍ਰਭੂ ਦੀ ਸਿਫ਼ਤ-ਸਾਲਾਹ ਰੂਪ) ਅਮਰ ਕਰਨ ਵਾਲੇ ਫਲ ਲੱਗੇ ਹੋਏ ਹਨ (ਭਾਵ, ਜਿਸ ਦੇ ਮੂੰਹੋਂ ਪ੍ਰਭੂ ਦੀ ਵਡਿਆਈ ਦੇ ਬਚਨ ਨਿਕਲਦੇ ਹਨ) ॥੬॥
25796	588	ਸਲੋਕ ਮਃ ੩॥		Salok Ma 3 ||	Shalok, Third Mehl:	

25797	588	ਕਲਿ ਮਹਿ ਜਮੁ ਜੰਦਾਰੁ ਹੈ ਹੁਕਮੇ ਕਾਰ ਕਮਾਇ॥	(ਜੰਦਾਰੁ) ਨਿਰਦਈ	Kal Mehi Jam Jandhaar Hai Hukamae Kaar Kamaae ||	In the Dark Age of Kali Yuga, the Messenger of Death is the enemy of life, but he acts according to the Lord's Command.	ਦੁਬਿਧਾ ਵਾਲੀ ਹਾਲਤ ਵਿਚ (ਮਨੁੱਖ ਦੇ ਸਿਰ ਉਤੇ) ਮੌਤ ਦਾ ਸਹਿਮ ਟਿਕਿਆ ਰਹਿੰਦਾ ਹੈ; (ਪਰ ਉਹ ਜਮ ਭੀ) ਪ੍ਰਭੂ ਦੇ ਹੁਕਮ ਵਿਚ ਹੀ ਕਾਰ ਕਰਦਾ ਹੈ।
25798	588	ਗੁਰਿ ਰਾਖੇ ਸੇ ਉਬਰੇ ਮਨਮੁਖਾ ਦੇਇ ਸਜਾਇ॥		Gur Raakhae Sae Oubarae Manamukhaa Dhaee Sajaae ||	Those who are protected by the Guru are saved, while the self-willed manmukhs receive their punishment.	ਜਿਨ੍ਹਾਂ ਨੂੰ ਗੁਰੂ ਨੇ ('ਕਲਿ' ਤੋਂ) ਬਚਾ ਲਿਆ ਉਹ (ਜਮ ਦੇ ਸਹਿਮ ਤੋਂ) ਬਚ ਜਾਂਦੇ ਹਨ, ਮਨ ਦੇ ਪਿਛੇ ਤੁਰਨ ਵਾਲੇ ਬੰਦਿਆਂ ਨੂੰ (ਸਹਿਮ ਦੀ) ਸਜ਼ਾ ਦੇਂਦਾ ਹੈ।
25799	588	ਜਮਕਾਲੈ ਵਸਿ ਜਗੁ ਬਾਂਧਿਆ ਤਿਸ ਦਾ ਫਰੂ ਨ ਕੋਇ॥	(ਫਰੂ)ਪਕੜਨ, ਰੋਕਣ। ਵੱਸਿ	Jamakaalai Vas Jag Baandhhiaa This Dhaa Faroo N Koe ||	The world is under the control, and in the bondage of the Messenger of Death; no one can hold him back.	ਜਗਤ (ਭਾਵ, ਪ੍ਰਭੂ ਤੋਂ ਵਿਛੁੜਿਆ ਜੀਵ) ਜਮਕਾਲ ਦੇ ਵੱਸ ਵਿਚ ਬੱਧਾ ਪਿਆ ਹੈ, ਉਸ ਦਾ ਕੋਈ ਰਾਖਾ ਨਹੀਂ ਬਣਦਾ।
25800	588	ਜਿਨਿ ਜਮੁ ਕੀਤਾ ਸੋ ਸੇਵੀਐ ਗੁਰਮੁਖਿ ਦੁਖੁ ਨ ਹੋਇ॥		Jin Jam Keethaa So Saeveeai Guramukh Dhukh N Hoe ||	So serve the One who created Death; as Gurmukh, no pain shall touch you.	ਜੇ ਗੁਰੂ ਦੇ ਸਨਮੁਖ ਹੋ ਕੇ ਉਸ ਪ੍ਰਭੂ ਦੀ ਬੰਦਗੀ ਕਰੀਏ ਜਿਸ ਨੇ ਜਮ ਪੈਦਾ ਕੀਤਾ ਹੈ (ਤਾਂ ਫਿਰ ਜਮ ਦਾ) ਦੁਖ ਨਹੀਂ ਪੋਂਹਦਾ।

25801	588	ਨਾਨਕ ਗੁਰਮੁਖਿ ਜਮੁ ਸੇਵਾ ਕਰੇ ਜਿਨ ਮਨਿ ਸਚਾ ਹੋਇ॥੧॥		Naanak Guramukh Jam Saevaa Karae Jin Man Sachaa Hoe ||1||	O Nanak, Death serves the Gurmukhs; the True Lord abides in their minds. ||1||	(ਸਗੋਂ) ਹੇ ਨਾਨਕ! ਜਿਨ੍ਹਾਂ ਗੁਰਮੁਖਾਂ ਦੇ ਮਨ ਵਿਚ ਸੱਚਾ ਪ੍ਰਭੂ ਵੱਸਦਾ ਹੈ ਉਹਨਾਂ ਦੀ ਜਮ ਭੀ ਸੇਵਾ ਕਰਦਾ ਹੈ ॥੧॥
25802	588	ਮਃ ੩॥		Ma 3 ||	Third Mehl:	
25803	588	ਏਹਾ ਕਾਇਆ ਰੋਗਿ ਭਰੀ ਬਿਨੁ ਸਬਦੈ ਦੁਖੁ ਹਉਮੈ ਰੋਗੁ ਨ ਜਾਇ॥		Eaehaa Kaaeiaa Rog Bharee Bin Sabadhai Dhukh Houmai Rog N Jaae ||	This body is filled with disease; without the Word of the Shabad, the pain of the disease of ego does not depart.	ਇਹ ਸਰੀਰ (ਹਉਮੈ ਦੇ) ਰੋਗ ਨਾਲ ਭਰਿਆ ਹੋਇਆ ਹੈ, ਗੁਰੂ ਦੇ ਸ਼ਬਦ ਤੋਂ ਬਿਨਾ ਹਉਮੈ ਰੋਗ-ਰੂਪ ਦੁੱਖ ਦੂਰ ਨਹੀਂ ਹੁੰਦਾ।
25804	588	ਸਤਿਗੁਰੁ ਮਿਲੈ ਤਾ ਨਿਰਮਲ ਹੋਵੈ ਹਰਿ ਨਾਮੋ ਮੰਨਿ ਵਸਾਇ॥		Sathigur Milai Thaa Niramal Hovai Har Naamo Mann Vasaae ||	When one meets the True Guru, then he becomes immaculately pure, and he enshrines the Lord's Name within his mind.	ਜੇ ਗੁਰੂ ਮਿਲ ਪਏ ਤਾਂ ਮਨੁੱਖ ਦਾ ਮਨ ਪਵਿਤ੍ਰ ਹੋ ਜਾਂਦਾ ਹੈ (ਕਿਉਂਕਿ ਗੁਰੂ ਮਿਲਿਆਂ ਮਨੁੱਖ) ਪਰਮਾਤਮਾ ਦਾ ਨਾਮ ਮਨ ਵਿਚ ਵਸਾਂਦਾ ਹੈ।
25805	588	ਨਾਨਕ ਨਾਮੁ ਧਿਆਇਆ ਸੁਖਦਾਤਾ ਦੁਖੁ ਵਿਸਰਿਆ ਸਹਜਿ ਸੁਭਾਇ॥੨॥		Naanak Naam Dhhiaaeiaa Sukhadhaathaa Dhukh Visariaa Sehaj Subhaae ||2||	O Nanak, meditating on the Naam, the Name of the Peace-Giving Lord, his pains are automatically forgotten. ||2||	ਹੇ ਨਾਨਕ! ਜਿਨ੍ਹਾਂ ਨੇ ਸੁਖਦਾਈ ਹਰਿ-ਨਾਮ ਸਿਮਰਿਆ ਹੈ, ਉਹਨਾਂ ਦਾ ਹਉਮੈ-ਦੁੱਖ ਸਹਿਜ ਸੁਭਾਇ ਦੂਰ ਹੋ ਜਾਂਦਾ ਹੈ ॥੨॥

25806	588	ਪਉੜੀ॥		Pourree ||	Pauree:	
25807	588	ਜਿਨਿ ਜਗਜੀਵਨੁ ਉਪਦੇਸਿਆ ਤਿਸੁ ਗੁਰ ਕਉ ਹਉ ਸਦਾ ਘੁਮਾਇਆ॥	ਜੱਗਜੀਵਨੁ	Jin Jagajeevan Oupadhaesiaa This Gur Ko Ho Sadhaa Ghumaaeiaa ||	I am forever a sacrifice to the Guru, who has taught me about the Lord, the Life of the World.	ਮੈਂ ਉਸ ਗੁਰੂ ਤੋਂ ਸਦਾ ਕੁਰਬਾਨ ਹਾਂ ਜਿਸ ਨੇ ਜਗਤ-ਦਾ-ਸਹਾਰਾ-ਪ੍ਰਭੂ ਨੇੜੇ ਵਿਖਾ ਦਿੱਤਾ ਹੈ।
25808	588	ਤਿਸੁ ਗੁਰ ਕਉ ਹਉ ਖੰਨੀਐ ਜਿਨਿ ਮਧੁਸੂਦਨੁ ਹਰਿ ਨਾਮੁ ਸੁਣਾਇਆ॥		This Gur Ko Ho Khanneeai Jin Madhhusoodhan Har Naam Sunaaeiaa ||	I am every bit a sacrifice to the Guru, the Lover of Nectar, who has revealed the Name of the Lord.	ਮੈਂ ਉਸ ਗੁਰੂ ਤੋਂ ਸਦਾ ਕੁਰਬਾਨ ਹਾਂ ਜਿਸ ਨੇ ਅਹੰਕਾਰ-ਦੈਂਤ ਨੂੰ ਮਾਰਨ ਵਾਲੇ ਪ੍ਰਭੂ ਦਾ ਨਾਮ ਸੁਣਾਇਆ ਹੈ (ਭਾਵ, ਨਾਮ ਸਿਮਰਨ ਦੀ ਸਿੱਖਿਆ ਦਿੱਤੀ ਹੈ)।
25809	588	ਤਿਸੁ ਗੁਰ ਕਉ ਹਉ ਵਾਰਣੈ ਜਿਨਿ ਹਉਮੈ ਬਿਖੁ ਸਭੁ ਰੋਗੁ ਗਵਾਇਆ॥		This Gur Ko Ho Vaaranai Jin Houmai Bikh Sabh Rog Gavaaeiaa ||	I am a sacrifice to the Guru, who has totally cured me of the fatal disease of egotism.	ਮੈਂ ਉਸ ਗੁਰੂ ਤੋਂ ਸਦਾ ਕੁਰਬਾਨ ਹਾਂ ਜਿਸ ਨੇ ਹਉਮੈ ਰੂਪ ਜ਼ਹਿਰ ਤੇ ਹੋਰ ਸਾਰਾ (ਵਿਕਾਰਾਂ ਦਾ) ਰੋਗ ਦੂਰ ਕੀਤਾ ਹੈ।
25810	588	ਤਿਸੁ ਸਤਿਗੁਰ ਕਉ ਵਡ ਪੁੰਨੁ ਹੈ ਜਿਨਿ ਅਵਗਣ ਕਟਿ ਗੁਣੀ ਸਮਝਾਇਆ॥	(ਪੁੰਨੁ) ਉਪਕਾਰ	This Sathigur Ko Vadd Punn Hai Jin Avagan Katt Gunee Samajhaaeiaa ||	Glorious and great are the virtues of the Guru, who has eradicated evil, and instructed me in virtue.	ਜਿਸ ਗੁਰੂ ਨੇ (ਜੀਵ ਦੇ) ਪਾਪ ਕੱਟ ਕੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੀ ਸੋਝੀ ਪਾਈ ਹੈ, ਉਸ ਦਾ (ਜੀਵਾਂ ਉੱਤੇ) ਇਹ ਬਹੁਤ ਭਾਰਾ ਉਪਕਾਰ ਹੈ।

25811	589	ਸੋ ਸਤਿਗੁਰੁ ਤਿਨ ਕਉ ਭੇਟਿਆ ਜਿਨ ਕੈ ਮੁਖਿ ਮਸਤਕਿ ਭਾਗੁ ਲਿਖਿ ਪਾਇਆ॥੭॥		So Sathigur Thin Ko Bhaettiaa Jin Kai Mukh Masathak Bhaag Likh Paaeiaa ||7||	The True Guru meets with those upon whose foreheads such blessed destiny is recorded. ||7||	ਐਸਾ ਗੁਰੂ ਉਹਨਾਂ ਨੂੰ ਮਿਲਿਆ ਹੈ ਜਿਨ੍ਹਾਂ ਦੇ ਮੱਥੇ ਉੱਤੇ ਮੂੰਹ ਉੱਤੇ (ਪਿਛਲੇ ਕੀਤੇ ਚੰਗੇ ਕਰਮਾਂ ਦੇ ਸੰਸਕਾਰਾਂ ਦਾ) ਭਾਗ ਲਿਖਿਆ ਪਿਆ ਹੈ ॥੭॥
25812	589	ਸਲੋਕੁ ਮਃ ੩॥		Salok Ma 3 ||	Shalok, Third Mehl:	
25813	589	ਭਗਤਿ ਕਰਹਿ ਮਰਜੀਵੜੇ ਗੁਰਮੁਖਿ ਭਗਤਿ ਸਦਾ ਹੋਇ॥		Bhagath Karehi Marajeevarrae Guramukh Bhagath Sadhaa Hoe ||	They alone worship the Lord, who remain dead while yet alive; the Gurmukhs worship the Lord continually.	(ਸੰਸਾਰ ਵਲੋਂ) ਮਰ ਕੇ (ਰੱਬ ਵੱਲ) ਜੀਊਣ ਵਾਲੇ ਮਨੁੱਖ (ਹੀ ਸੱਚੀ) ਭਗਤੀ ਕਰਦੇ ਹਨ, ਅਸਲ ਭਗਤੀ ਉਹਨਾਂ ਪਾਸੋਂ ਹੀ ਹੋ ਸਕਦੀ ਹੈ ਜੋ ਆਪਣੇ ਆਪ ਨੂੰ ਗੁਰੂ ਦੇ ਹਵਾਲੇ ਕਰ ਦੇਂਦੇ ਹਨ।
25814	589	ਓਨਾ ਕਉ ਧੁਰਿ ਭਗਤਿ ਖਜਾਨਾ ਬਖਸਿਆ ਮੇਟਿ ਨ ਸਕੈ ਕੋਇ॥		Ounaa Ko Dhhur Bhagath Khajaanaa Bakhasiaa Maett N Sakai Koe ||	The Lord blesses them with the treasure of devotional worship, which no one can destroy.	ਐਸੇ ਬੰਦਿਆਂ ਨੂੰ ਧੁਰੋਂ ਪਰਮਾਤਮਾ ਨੇ ਭਗਤੀ ਦੇ ਖ਼ਜ਼ਾਨੇ ਦੀ ਦਾਤ ਬਖ਼ਸ਼ੀ ਹੋਈ ਹੈ, ਕੋਈ ਉਸ ਬਖ਼ਸ਼ਸ਼ ਨੂੰ ਮਿਟਾ ਨਹੀਂ ਸਕਦਾ।
25815	589	ਗੁਣ ਨਿਧਾਨੁ ਮਨਿ ਪਾਇਆ ਏਕੋ ਸਚਾ ਸੋਇ॥		Gun Nidhhaan Man Paaeiaa Eaeko Sachaa Soe ||	They obtain the treasure of virtue, the One True Lord, within their minds.	ਉਹਨਾਂ ਨੇ ਉਸ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਨੂੰ ਆਪਣੇ ਮਨ ਵਿਚ ਲੱਭ ਲਿਆ ਹੈ ਜੋ ਇਕ ਆਪ ਹੀ ਆਪ ਹੈ ਤੇ ਸਦਾ-ਥਿਰ ਰਹਿਣ ਵਾਲਾ ਹੈ।

25816	589	ਨਾਨਕ ਗੁਰਮੁਖਿ ਮਿਲਿ ਰਹੇ ਫਿਰਿ ਵਿਛੋੜਾ ਕਦੇ ਨ ਹੋਇ॥੧॥		Naanak Guramukh Mil Rehae Fir Vishhorraa Kadhae N Hoe ||1||	O Nanak, the Gurmukhs remain united with the Lord; they shall never be separated again. ||1||	ਹੇ ਨਾਨਕ! ਜੋ ਮਨੁੱਖ ਆਪਣੇ ਆਪ ਨੂੰ ਗੁਰੂ ਦੇ ਹਵਾਲੇ ਕਰ ਦੇਂਦੇ ਹਨ, ਉਹ ਪ੍ਰਭੂ ਵਿਚ ਜੁੜੇ ਰਹਿੰਦੇ ਹਨ, ਤੇ ਫਿਰ ਕਦੇ ਉਹਨਾਂ ਨੂੰ (ਪ੍ਰਭੂ-ਚਰਨਾਂ ਨਾਲੋਂ) ਵਿਛੋੜਾ ਨਹੀਂ ਹੁੰਦਾ ॥੧॥
25817	589	ਮਃ ੩॥		Ma 3 ||	Third Mehl:	
25818	589	ਸਤਿਗੁਰ ਕੀ ਸੇਵ ਨ ਕੀਨੀਆ ਕਿਆ ਓਹੁ ਕਰੇ ਵੀਚਾਰੁ॥		Sathigur Kee Saev N Keeneeaa Kiaa Ouhu Karae Veechaar ||	He does not serve the True Guru; how can he reflect upon the Lord?	ਜਿਸ ਮਨੁੱਖ ਨੇ ਗੁਰੂ ਦੀ ਦੱਸੀ ਹੋਈ ਕਾਰ ਨਹੀਂ ਕੀਤੀ, ਉਹ ਹੋਰ ਕੀਹ ਵਿਚਾਰ ਕਰਦਾ ਹੈ? (ਭਾਵ, ਉਸ ਦੀ ਹੋਰ ਕਿਸੇ ਵਿਚਾਰ ਦਾ ਗੁਣ ਨਹੀਂ)।
25819	589	ਸਬਦੈ ਸਾਰ ਨ ਜਾਣਈ ਬਿਖੁ ਭੂਲਾ ਗਾਵਾਰੁ॥		Sabadhai Saar N Jaanee Bikh Bhoolaa Gaavaar ||	He does not appreciate the value of the Shabad; the fool wanders in corruption and sin.	ਉਹ ਮੂਰਖ ਜ਼ਹਿਰ (ਨੂੰ ਵੇਖ ਕੇ) ਭੁੱਲਾ ਹੋਇਆ ਗੁਰੂ ਦੇ ਸ਼ਬਦ ਦੀ ਕਦਰ ਨਹੀਂ ਜਾਣਦਾ।
25820	589	ਅਗਿਆਨੀ ਅੰਧੁ ਬਹੁ ਕਰਮ ਕਮਾਵੈ ਦੂਜੈ ਭਾਇ ਪਿਆਰੁ॥		Agiaanee Andhh Bahu Karam Kamaavai Dhoojai Bhaae Piaar ||	The blind and ignorant perform all sorts of ritualistic actions; they are in love with duality.	ਉਹ ਅੰਨ੍ਹਾ ਅਗਿਆਨੀ (ਹੋਰ) ਬਹੁਤੇ ਕਰਮ ਕਰਦਾ ਹੈ (ਕਰਮ-ਧਾਰਮਿਕ ਰਸਮਾਂ) ਪਰ ਉਸ ਦੀ ਸੁਰਤ ਮਾਇਆ ਦੇ ਪਿਆਰ ਵਿਚ (ਹੀ ਲੱਗੀ ਰਹਿੰਦੀ ਹੈ)।

25821	589	ਅਣਹੋਦਾ ਆਪੁ ਗਣਾਇਦੇ ਜਮੁ ਮਾਰਿ ਕਰੇ ਤਿਨ ਖੁਆਰੁ॥		Anehodhaa Aap Ganaaeidhae Jam Maar Karae Thin Khuaar ||	Those who take unjustified pride in themselves, are punished and humiliated by the Messenger of Death.	ਜੋ ਮਨੁੱਖ ਆਪਣੇ ਅੰਦਰ ਕੋਈ ਗੁਣ ਨਾਹ ਹੁੰਦਿਆਂ ਆਪਣੇ ਆਪ ਨੂੰ (ਵੱਡਾ) ਜਤਾਉਂਦੇ ਹਨ, ਉਹਨਾਂ ਨੂੰ ਜਮ ਮਾਰ ਕੇ ਖ਼ੁਆਰ ਕਰਦਾ ਹੈ।
25822	589	ਨਾਨਕ ਕਿਸ ਨੋ ਆਖੀਐ ਜਾ ਆਪੇ ਬਖਸਣਹਾਰੁ॥੨॥		Naanak Kis No Aakheeai Jaa Aapae Bakhasanehaar ||2||	O Nanak, who else is there to ask? The Lord Himself is the Forgiver. ||2||	ਪਰ, ਹੇ ਨਾਨਕ! ਕਿਸੇ ਨੂੰ ਕੀਹ ਆਖਣਾ ਹੈ? ਪਰਮਾਤਮਾ ਆਪ ਹੀ ਬਖ਼ਸ਼ਸ਼ ਕਰਨ ਵਾਲਾ ਹੈ (ਭਾਵ, ਇਸ ਮਨ-ਮੁਖਤਾ ਵਲੋਂ ਪ੍ਰਭੂ ਆਪ ਹੀ ਬਚਾਉਣ ਦੇ ਸਮਰੱਥ ਹੈ, ਹੋਰ ਕੋਈ ਜੀਵ ਸਹੈਤਾ ਨਹੀਂ ਕਰ ਸਕਦਾ) ॥੨॥
25823	589	ਪਉੜੀ॥		Pourree ||	Pauree:	
25824	589	ਤੂ ਕਰਤਾ ਸਭੁ ਕਿਛੁ ਜਾਣਦਾ ਸਭਿ ਜੀਅ ਤੁਮਾਰੇ॥		Thoo Karathaa Sabh Kishh Jaanadhaa Sabh Jeea Thumaarae ||	You, O Creator, know all things; all beings belong to You.	ਹੇ ਸਿਰਜਣਹਾਰ! ਤੂੰ ਸਭ ਕੁਝ ਜਾਣਦਾ ਹੈਂ ਤੇ ਸਾਰੇ ਜੀਵ ਤੇਰੇ ਹਨ।
25825	589	ਜਿਸੁ ਤੂ ਭਾਵੈ ਤਿਸੁ ਤੂ ਮੇਲਿ ਲੈਹਿ ਕਿਆ ਜੰਤ ਵਿਚਾਰੇ॥		Jis Thoo Bhaavai This Thoo Mael Laihi Kiaa Janth Vichaarae ||	Those who are pleasing to You, You unite with Yourself; what can the poor creatures do?	ਜੀਆਂ ਵਿਚਾਰਿਆਂ ਦੇ ਕੀਹ ਵੱਸ ਹੈ? ਜੋ ਤੈਨੂੰ ਭਾਉਂਦਾ ਹੈ ਉਸ ਨੂੰ ਤੂੰ (ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈਂ।

25826	589	ਤੂ ਕਰਣ ਕਾਰਣ ਸਮਰਥੁ ਹੈ ਸਚੁ ਸਿਰਜਣਹਾਰੇ॥	ਸਮਰੱਥੁ	Thoo Karan Kaaran Samarathh Hai Sach Sirajanehaarae ||	You are all-powerful, the Cause of causes, the True Creator Lord.	ਹੇ ਸਦਾ ਕਾਇਮ ਰਹਿਣ ਵਾਲੇ ਕਰਤਾਰ! ਤੂੰ ਸਭ ਕੁਝ ਕਰਨ ਦੀ ਤਾਕਤ ਰੱਖਦਾ ਹੈਂ।
25827	589	ਜਿਸੁ ਤੂ ਮੇਲਹਿ ਪਿਆਰਿਆ ਸੋ ਤੁਧੁ ਮਿਲੈ ਗੁਰਮੁਖਿ ਵੀਚਾਰੇ॥		Jis Thoo Maelehi Piaariaa So Thudhh Milai Guramukh Veechaarae ||	Only those unite with you, Beloved Lord, whom you approve and who meditate on Guru's Word.	ਹੇ ਪਿਆਰੇ! ਜਿਸ ਨੂੰ ਤੂੰ ਆਪ ਮਿਲਾਉਂਦਾ ਹੈਂ ਉਹ ਗੁਰੂ ਦੇ (ਸ਼ਬਦ) ਦੀ ਰਾਹੀਂ ਤੇਰੇ ਗੁਣਾਂ ਦੀ ਵਿਚਾਰ ਕਰ ਕੇ ਤੈਨੂੰ ਮਿਲ ਪੈਂਦਾ ਹੈ।
25828	589	ਹਉ ਬਲਿਹਾਰੀ ਸਤਿਗੁਰ ਆਪਣੇ ਜਿਨਿ ਮੇਰਾ ਹਰਿ ਅਲਖੁ ਲਖਾਰੇ॥੮॥	ਅ-ਲਖੁ	Ho Balihaaree Sathigur Aapanae Jin Maeraa Har Alakh Lakhaarae ||8||	I am a sacrifice to my True Guru, who has allowed me to see my unseen Lord. ||8||	ਮੈਂ ਪਿਆਰੇ ਸਤਿਗੁਰੂ ਤੋਂ ਸਦਕੇ ਹਾਂ ਜਿਸ ਨੇ ਮੈਨੂੰ ਅਦ੍ਰਿਸ਼ਟ ਪਰਮਾਤਮਾ ਦੀ ਸੋਝੀ ਪਾ ਦਿੱਤੀ ਹੈ ॥੮॥
25829	589	ਸਲੋਕ ਮਃ ੩॥		Salok Ma 3 ||	Shalok, Third Mehl:	
25830	589	ਰਤਨਾ ਪਾਰਖੁ ਜੋ ਹੋਵੈ ਸੁ ਰਤਨਾ ਕਰੇ ਵੀਚਾਰੁ॥		Rathanaa Paarakh Jo Hovai S Rathanaa Karae Veechaar ||	He is the Assayer of jewels; He contemplates the jewel.	ਜੋ ਮਨੁੱਖ ਰਤਨਾਂ ਦੀ ਕਦਰ ਜਾਣਦਾ ਹੈ, ਉਹੀ ਰਤਨਾਂ ਦੀ ਸੋਚ ਵਿਚਾਰ ਕਰਦਾ ਹੈ।

25831	589	ਰਤਨਾ ਸਾਰ ਨ ਜਾਣਈ ਅਗਿਆਨੀ ਅੰਧੁ ਅੰਧਾਰੁ॥		Rathanaa Saar N Jaanee Agiaanee Andhh Andhhaar ||	He is ignorant and totally blind - he does not appreciate the value of the jewel.	ਪਰ ਅੰਨ੍ਹਾ ਤੇ ਅਗਿਆਨੀ ਬੰਦਾ ਰਤਨਾਂ ਦੀ ਕਦਰ ਨਹੀਂ ਪਾ ਸਕਦਾ।
25832	589	ਰਤਨੁ ਗੁਰੂ ਕਾ ਸਬਦੁ ਹੈ ਬੂਝੈ ਬੂਝਣਹਾਰੁ॥	ਬੂੱਝੈ ਬੂੱਝਣਹਾਰੁ	Rathan Guroo Kaa Sabadh Hai Boojhai Boojhanehaar ||	The Jewel is the Word of the Guru's Shabad; the Knower alone knows it.	ਕੋਈ ਸੂਝ ਵਾਲਾ ਮਨੁੱਖ ਸਮਝਦਾ ਹੈ ਕਿ (ਅਸਲ) ਰਤਨ ਸਤਿਗੁਰੂ ਦਾ ਸ਼ਬਦ ਹੈ।
25833	589	ਮੂਰਖ ਆਪੁ ਗਣਾਇਦੇ ਮਰਿ ਜੰਮਹਿ ਹੋਇ ਖੁਆਰੁ॥		Moorakh Aap Ganaaeidhae Mar Janmehi Hoe Khuaar ||	The fools take pride in themselves, and are ruined in birth and death.	ਪਰ, ਮੂਰਖ ਬੰਦੇ (ਗੁਰ-ਸ਼ਬਦ ਨੂੰ ਸਮਝਣ ਦੇ ਥਾਂ) ਆਪਣੇ ਆਪ ਨੂੰ ਵੱਡਾ ਜਤਾਉਂਦੇ ਹਨ ਤੇ ਖ਼ੁਆਰ ਹੋ ਹੋ ਕੇ ਮਰਦੇ ਜੰਮਦੇ ਰਹਿੰਦੇ ਹਨ।
25834	589	ਨਾਨਕ ਰਤਨਾ ਸੋ ਲਹੈ ਜਿਸੁ ਗੁਰਮੁਖਿ ਲਗੈ ਪਿਆਰੁ॥		Naanak Rathanaa So Lehai Jis Guramukh Lagai Piaar ||	O Nanak, he alone obtains the jewel, who, as Gurmukh, enshrines love for it.	ਹੇ ਨਾਨਕ! ਉਹੀ ਮਨੁੱਖ (ਗੁਰ-ਸ਼ਬਦ ਰੂਪ) ਰਤਨਾਂ ਨੂੰ ਹਾਸਲ ਕਰਦਾ ਹੈ ਜਿਸ ਨੂੰ ਗੁਰੂ ਦੀ ਰਾਹੀਂ (ਗੁਰ-ਸ਼ਬਦ ਦੀ) ਲਗਨ ਲੱਗਦੀ ਹੈ।
25835	589	ਸਦਾ ਸਦਾ ਨਾਮੁ ਉਚਰੈ ਹਰਿ ਨਾਮੋ ਨਿਤ ਬਿਉਹਾਰੁ॥		Sadhaa Sadhaa Naam Oucharai Har Naamo Nith Biouhaar ||	Chanting the Naam, the Name of the Lord, forever and ever, make the Name of the Lord your daily occupation.	ਉਹ ਮਨੁੱਖ ਸਦਾ ਪ੍ਰਭੂ ਦਾ ਨਾਮ ਜਪਦਾ ਹੈ, ਨਾਮ ਜਪਣਾ ਹੀ ਉਸ ਦਾ ਨਿੱਤ ਦਾ ਵਿਹਾਰ ਬਣ ਜਾਂਦਾ ਹੈ।

25836	589	ਕ੍ਰਿਪਾ ਕਰੇ ਜੇ ਆਪਣੀ ਤਾ ਹਰਿ ਰਖਾ ਉਰ ਧਾਰਿ॥੧॥	ਰੱਖਾ	Kirapaa Karae Jae Aapanee Thaa Har Rakhaa Our Dhhaar ||1||	If the Lord shows His Mercy, then I keep Him enshrined within my heart. ||1||	ਜੇ ਪਰਮਾਤਮਾ ਆਪਣੀ ਮੇਹਰ ਕਰੇ, ਤਾਂ ਮੈਂ ਭੀ ਉਸ ਦਾ ਨਾਮ ਹਿਰਦੇ ਵਿਚ ਪਰੋ ਰੱਖਾਂ ॥੧॥
25837	589	ਮਃ ੩॥		Ma 3 ||	Third Mehl:	
25838	589	ਸਤਿਗੁਰ ਕੀ ਸੇਵ ਨ ਕੀਨੀਆ ਹਰਿ ਨਾਮਿ ਨ ਲਗੋ ਪਿਆਰੁ॥		Sathigur Kee Saev N Keeneeaa Har Naam N Lago Piaar ||	They do not serve the True Guru, and they do not embrace love for the Lord's Name.	ਜਿਨ੍ਹਾਂ ਬੰਦਿਆਂ ਨੇ ਗੁਰੂ ਦੀ ਦੱਸੀ ਕਾਰ ਨਹੀਂ ਕੀਤੀ, ਜਿਨ੍ਹਾਂ ਦੀ ਲਗਨ ਪ੍ਰਭੂ ਦੇ ਨਾਮ ਵਿਚ ਨਹੀਂ ਬਣੀ,
25839	589	ਮਤ ਤੁਮ ਜਾਣਹੁ ਓਇ ਜੀਵਦੇ ਓਇ ਆਪਿ ਮਾਰੇ ਕਰਤਾਰਿ॥		Math Thum Jaanahu Oue Jeevadhae Oue Aap Maarae Karathaar ||	Do not even think that they are alive - the Creator Lord Himself has killed them.	ਇਹ ਨਾ ਸਮਝੋ ਕਿ ਉਹ ਬੰਦੇ ਜੀਊਂਦੇ ਹਨ, ਉਹਨਾਂ ਨੂੰ ਕਰਤਾਰ ਨੇ ਆਪ ਹੀ (ਆਤਮਕ ਮੌਤੇ) ਮਾਰ ਦਿੱਤਾ ਹੈ।
25840	589	ਹਉਮੈ ਵਡਾ ਰੋਗੁ ਹੈ ਭਾਇ ਦੂਜੈ ਕਰਮ ਕਮਾਇ॥		Houmai Vaddaa Rog Hai Bhaae Dhoojai Karam Kamaae ||	Egotism is such a terrible disease; in the love of duality, they do their deeds.	ਮਾਇਆ ਦੇ ਮੋਹ ਵਿਚ ਕਰਮ ਕਰ ਕਰ ਕੇ ਉਹਨਾਂ ਨੂੰ ਹਉਮੈ ਦਾ ਰੋਗ (ਚੰਬੜਿਆ ਹੋਇਆ) ਹੈ।

25841	589	ਨਾਨਕ ਮਨਮੁਖਿ ਜੀਵਦਿਆ ਮੁਏ ਹਰਿ ਵਿਸਰਿਆ ਦੁਖੁ ਪਾਇ॥੨॥		Naanak Manamukh Jeevadhiaa Mueae Har Visariaa Dhukh Paae ||2||	O Nanak, the self-willed manmukhs are in a living death; forgetting the Lord, they suffer in pain. ||2||	ਹੇ ਨਾਨਕ! ਮਨ ਦੇ ਪਿਛੇ ਤੁਰਨ ਵਾਲੇ ਬੰਦੇ ਜੀਊਂਦੇ ਹੀ ਮੋਏ ਜਾਣੋ। ਜੋ ਮਨੁੱਖ ਰੱਬ ਨੂੰ ਭੁਲਾਉਂਦਾ ਹੈ; ਉਹ ਦੁਖ ਪਾਉਂਦਾ ਹੈ ॥੨॥
25842	589	ਪਉੜੀ॥		Pourree ||	Pauree:	
25843	589	ਜਿਸੁ ਅੰਤਰੁ ਹਿਰਦਾ ਸੁਧੁ ਹੈ ਤਿਸੁ ਜਨ ਕਉ ਸਭਿ ਨਮਸਕਾਰੀ॥		Jis Anthar Hiradhaa Sudhh Hai This Jan Ko Sabh Namasakaaree ||	Let all bow in reverence, to that humble being whose heart is pure within.	ਜਿਸ ਦਾ ਅੰਦਰਲਾ ਹਿਰਦਾ ਪਵਿੱਤ੍ਰ ਹੈ, ਉਸ ਨੂੰ ਸਾਰੇ ਜੀਵ ਨਮਸਕਾਰ ਕਰਦੇ ਹਨ।
25844	589	ਜਿਸੁ ਅੰਦਰਿ ਨਾਮੁ ਨਿਧਾਨੁ ਹੈ ਤਿਸੁ ਜਨ ਕਉ ਹਉ ਬਲਿਹਾਰੀ॥		Jis Andhar Naam Nidhhaan Hai This Jan Ko Ho Balihaaree ||	I am a sacrifice to that humble being whose mind is filled with the treasure of the Naam.	ਉਸ ਤੋਂ ਮੈਂ ਸਦਕੇ ਹਾਂ, ਜਿਸਦੇ ਹਿਰਦੇ ਵਿਚ ਨਾਮ (ਰੂਪ) ਖ਼ਜ਼ਾਨਾ ਹੈ,
25845	589	ਜਿਸੁ ਅੰਦਰਿ ਬੁਧਿ ਬਿਬੇਕੁ ਹੈ ਹਰਿ ਨਾਮੁ ਮੁਰਾਰੀ॥		Jis Andhar Budhh Bibaek Hai Har Naam Muraaree ||	He has a discriminating intellect; he meditates on the Name of the Lord.	ਜਿਸ ਦੇ ਅੰਦਰ (ਭਲੀ) ਮੱਤ ਹੈ, (ਚੰਗੇ ਮੰਦੇ ਦੀ) ਪਛਾਣ ਹੈ ਤੇ ਹਰੀ ਮੁਰਾਰੀ ਦਾ ਨਾਮ ਹੈ।

25846	589	ਸੋ ਸਤਿਗੁਰੁ ਸਭਨਾ ਕਾ ਮਿਤੁ ਹੈ ਸਭ ਤਿਸਹਿ ਪਿਆਰੀ॥		So Sathigur Sabhanaa Kaa Mith Hai Sabh Thisehi Piaaree ||	That True Guru is a friend to all; everyone is dear to Him.	ਉਹ ਸਤਿਗੁਰੂ ਸਭ ਜੀਵਾਂ ਦਾ ਮਿੱਤ੍ਰ ਹੈ ਤੇ ਸਾਰੀ ਸ੍ਰਿਸ਼ਟੀ ਉਸ ਨੂੰ ਪਿਆਰੀ ਲੱਗਦੀ ਹੈ।
25847	589	ਸਭੁ ਆਤਮ ਰਾਮੁ ਪਸਾਰਿਆ ਗੁਰ ਬੁਧਿ ਬੀਚਾਰੀ॥੯॥		Sabh Aatham Raam Pasaariaa Gur Budhh Beechaaree ||9||	The Lord, the Supreme Soul, is pervading everywhere; reflect upon the wisdom of the Guru's Teachings. ||9||	ਸਤਿਗੁਰੂ ਦੀ ਸਮਝ ਨੇ ਤਾਂ ਇਹ ਸਮਝਿਆ ਹੈ ਕਿ ਸਭ ਥਾਈਂ ਪਰਮਾਤਮਾ ਨੇ ਆਪਣਾ ਆਪ ਪਸਾਰਿਆ ਹੋਇਆ ਹੈ ॥੯॥
25848	589	ਸਲੋਕ ਮਃ ੩॥		Salok Ma 3 ||	Shalok, Third Mehl:	
25849	589	ਬਿਨੁ ਸਤਿਗੁਰ ਸੇਵੇ ਜੀਅ ਕੇ ਬੰਧਨਾ ਵਿਚਿ ਹਉਮੈ ਕਰਮ ਕਮਾਹਿ॥		Bin Sathigur Saevae Jeea Kae Bandhhanaa Vich Houmai Karam Kamaahi ||	Without serving the True Guru, the soul is in the bondage of deeds done in ego.	ਮਨੁੱਖ ਸਤਿਗੁਰੂ ਦੀ ਸੇਵਾ ਤੋਂ ਖੁੰਝ ਕੇ ਅਹੰਕਾਰ ਦੇ ਆਸਰੇ ਕਰਮ ਕਰਦੇ ਹਨ, ਪਰ ਉਹ ਕਰਮ ਉਹਨਾਂ ਦੇ ਆਤਮਾ ਲਈ ਬੰਧਨ ਹੋ ਜਾਂਦੇ ਹਨ।
25850	589	ਬਿਨੁ ਸਤਿਗੁਰੁ ਸੇਵੇ ਠਉਰੁ ਨ ਪਾਵਹੀ ਮਰਿ ਜੰਮਹਿ ਆਵਹਿ ਜਾਹਿ॥		Bin Sathigur Saevae Thour N Paavehee Mar Janmehi Aavehi Jaahi ||	Without serving the True Guru, one finds no place of rest; he dies, and is reincarnated, and continues coming and going.	ਸਤਿਗੁਰੂ ਦੀ ਦੱਸੀ ਕਾਰ ਨਾ ਕਰਨ ਕਰ ਕੇ ਉਹਨਾਂ ਨੂੰ ਕਿਤੇ ਥਾ ਨਹੀਂ ਮਿਲਦੀ, ਉਹ ਮਰਦੇ ਹਨ (ਫੇਰ) ਜੰਮਦੇ ਹਨ, (ਸੰਸਾਰ ਵਿਚ) ਆਉਂਦੇ ਹਨ, (ਫੇਰ) ਜਾਂਦੇ ਹਨ।

25851	589	ਬਿਨੁ ਸਤਿਗੁਰ ਸੇਵੇ ਫਿਕਾ ਬੋਲਣਾ ਨਾਮੁ ਨ ਵਸੈ ਮਨ ਮਾਹਿ॥		Bin Sathigur Saevae Fikaa Bolanaa Naam N Vasai Man Maahi ||	Without serving the True Guru, one's speech is vapid and insipid; the Naam, the Name of the Lord, does not abide in his mind.	ਸਤਿਗੁਰੂ ਦੀ ਦੱਸੀ ਸੇਵਾ ਤੋਂ ਵਾਂਜੇ ਰਹਿ ਕੇ ਉਹਨਾਂ ਦੇ ਬੋਲ ਭੀ ਫਿੱਕੇ ਹੁੰਦੇ ਹਨ ਤੇ 'ਨਾਮ' ਉਹਨਾਂ ਦੇ ਮਨ ਵਿਚ ਵੱਸਦਾ ਨਹੀਂ।
25852	590	ਨਾਨਕ ਬਿਨੁ ਸਤਿਗੁਰ ਸੇਵੇ ਜਮਪੁਰਿ ਬਧੇ ਮਾਰੀਅਨਿ ਮੁਹਿ ਕਾਲੈ ਉਠਿ ਜਾਹਿ॥੧॥		Naanak Bin Sathigur Saevae Jam Pur Badhhae Maareean Muhi Kaalai Outh Jaahi ||1||	O Nanak, without serving the True Guru, they are bound and beaten in the City of Death; they arise and depart with blackened faces. ||1||	ਹੇ ਨਾਨਕ! ਸਤਿਗੁਰੂ ਦੀ ਸੇਵਾ ਤੋਂ ਬਿਨਾ ਕਾਲੇ-ਮੂੰਹ (ਸੰਸਾਰ ਤੋਂ) ਤੁਰ ਜਾਂਦੇ ਹਨ ਤੇ ਜਮਪੁਰੀ ਵਿਚ ਬੱਧੇ ਹੋਏ ਮਾਰ ਖਾਂਦੇ ਹਨ (ਭਾਵ, ਇਸ ਲੋਕ ਵਿਚ ਮੁਕਾਲਖ ਖੱਟਦੇ ਹਨ ਤੇ ਅਗਾਂਹ ਭੀ ਦੁਖੀ ਹੁੰਦੇ ਹਨ) ॥੧॥
25853	590	ਮਹਲਾ ੧॥		Mehalaa 1 ||	First Mehl:	
25854	590	ਜਾਲਉ ਐਸੀ ਰੀਤਿ ਜਿਤੁ ਮੈ ਪਿਆਰਾ ਵੀਸਰੈ॥		Jaalo Aisee Reeth Jith Mai Piaaraa Veesarai ||	Burn away those rituals which lead you to forget the Beloved Lord.	ਮੈਂ ਇਹੋ ਜਿਹੀ ਰੀਤ ਨੂੰ ਸਾੜ ਦਿਆਂ ਜਿਸ ਕਰਕੇ ਪਿਆਰਾ ਪ੍ਰਭੂ ਮੈਨੂੰ ਵਿਸਰ ਜਾਏ।
25855	590	ਨਾਨਕ ਸਾਈ ਭਲੀ ਪਰੀਤਿ ਜਿਤੁ ਸਾਹਿਬ ਸੇਤੀ ਪਤਿ ਰਹੈ॥੨॥		Naanak Saaee Bhalee Pareeth Jith Saahib Saethee Path Rehai ||2||	O Nanak, sublime is that love, which preserves my honor with my Lord Master. ||2||	ਹੇ ਨਾਨਕ! ਪ੍ਰੇਮ ਉਹੋ ਹੀ ਚੰਗਾ ਹੈ ਜਿਸ ਦੀ ਰਾਹੀਂ ਖਸਮ ਨਾਲ ਇੱਜ਼ਤ ਬਣੀ ਰਹੇ ॥੨॥

25856	590	ਪਉੜੀ॥		Pourree ||	Pauree:	
25857	590	ਹਰਿ ਇਕੋ ਦਾਤਾ ਸੇਵੀਐ ਹਰਿ ਇਕੁ ਧਿਆਈਐ॥		Har Eiko Dhaathaa Saeveeai Har Eik Dhhiaaeeai ||	Serve the One Lord, the Great Giver; meditate on the One Lord.	ਇਕੋ ਦਾਤਾਰ ਕਰਤਾਰ ਦੀ ਸੇਵਾ ਕਰਨੀ ਚਾਹੀਦੀ ਹੈ, ਇਕੋ ਪਰਮਾਤਮਾ ਨੂੰ ਹੀ ਸਿਮਰਨਾ ਚਾਹੀਦਾ ਹੈ।
25858	590	ਹਰਿ ਇਕੋ ਦਾਤਾ ਮੰਗੀਐ ਮਨ ਚਿੰਦਿਆ ਪਾਈਐ॥		Har Eiko Dhaathaa Mangeeai Man Chindhiaa Paaeeai ||	Beg from the One Lord, the Great Giver, and you shall obtain your heart's desires.	ਇਕੋ ਹਰੀ ਦਾਤਾਰ ਕੋਲੋਂ ਹੀ ਦਾਨ ਮੰਗਣਾ ਚਾਹੀਦਾ ਹੈ, ਜਿਸ ਪਾਸੋਂ ਮਨ-ਮੰਗੀ ਮੁਰਾਦ ਮਿਲ ਜਾਏ,
25859	590	ਜੇ ਦੂਜੇ ਪਾਸਹੁ ਮੰਗੀਐ ਤਾ ਲਾਜ ਮਰਾਈਐ॥		Jae Dhoojae Paasahu Mangeeai Thaa Laaj Maraaeeai ||	But if you beg from another, then you shall be shamed and destroyed.	ਜੇ ਕਿਸੇ ਹੋਰ ਕੋਲੋਂ ਮੰਗੀਏ ਤਾਂ ਸ਼ਰਮ ਨਾਲ ਮਰ ਜਾਈਏ (ਭਾਵ, ਕਿਸੇ ਹੋਰ ਪਾਸੋਂ ਮੰਗਣ ਨਾਲੋਂ ਸ਼ਰਮ ਨਾਲ ਮਰ ਜਾਣਾ ਚੰਗਾ ਹੈ)।
25860	590	ਜਿਨਿ ਸੇਵਿਆ ਤਿਨਿ ਫਲੁ ਪਾਇਆ ਤਿਸੁ ਜਨ ਕੀ ਸਭ ਭੁਖ ਗਵਾਈਐ॥		Jin Saeviaa Thin Fal Paaeiaa This Jan Kee Sabh Bhukh Gavaaeeai ||	One who serves the Lord obtains the fruits of his rewards; all of his hunger is satisfied.	ਜਿਸ ਭੀ ਮਨੁੱਖ ਨੇ ਹਰੀ ਨੂੰ ਸੇਵਿਆ ਹੈ ਉਸੇ ਨੇ ਫਲ ਪਾ ਲਿਆ ਹੈ, ਉਸ ਮਨੁੱਖ ਦੀ ਸਾਰੀ ਤ੍ਰਿਸ਼ਨਾ ਦੂਰ ਹੋ ਗਈ ਹੈ।

25861	590	ਨਾਨਕੁ ਤਿਨ ਵਿਟਹੁ ਵਾਰਿਆ ਜਿਨ ਅਨ ਦਿਨੁ ਹਿਰਦੈ ਹਰਿ ਨਾਮੁ ਧਿਆਈਐ॥੧੦॥		Naanak Thin Vittahu Vaariaa Jin Anadhin Hiradhai Har Naam Dhhiaaeeai ||10||	Nanak is a sacrifice to those, who night and day, meditate within their hearts on the Name of the Lord. ||10||	ਨਾਨਕ ਸਦਕੇ ਹੈ ਉਹਨਾਂ ਮਨੁੱਖਾਂ ਤੋਂ, ਜੋ ਹਰ ਵੇਲੇ ਹਿਰਦੇ ਵਿਚ ਪ੍ਰਭੂ ਦਾ ਨਾਮ ਸਿਮਰਦੇ ਹਨ ॥੧੦॥
25862	590	ਸਲੋਕੁ ਮਃ ੩॥		Salok Ma 3 ||	Shalok, Third Mehl:	
25863	590	ਭਗਤ ਜਨਾ ਕੰਉ ਆਪਿ ਤੁਠਾ ਮੇਰਾ ਪਿਆਰਾ ਆਪੇ ਲਇਅਨੁ ਜਨ ਲਾਇ॥		Bhagath Janaa Kano Aap Thuthaa Maeraa Piaaraa Aapae Laeian Jan Laae ||	He Himself is pleased with His humble devotees; my Beloved Lord attaches them to Himself.	ਪਿਆਰਾ ਪ੍ਰਭੂ ਆਪਣੇ ਭਗਤਾਂ ਤੇ ਆਪ ਪ੍ਰਸੰਨ ਹੁੰਦਾ ਹੈ ਤੇ ਆਪ ਹੀ ਉਸ ਨੇ ਉਹਨਾਂ ਨੂੰ ਆਪਣੇ ਨਾਲ ਜੋੜ ਲਿਆ ਹੈ।
25864	590	ਪਾਤਿਸਾਹੀ ਭਗਤ ਜਨਾ ਕਉ ਦਿਤੀਅਨੁ ਸਿਰਿ ਛਤੁ ਸਚਾ ਹਰਿ ਬਣਾਇ॥		Paathisaahee Bhagath Janaa Ko Dhitheean Sir Shhath Sachaa Har Banaae ||	The Lord blesses His humble devotees with royalty; He fashions the true crown upon their heads.	ਭਗਤਾਂ ਦੇ ਸਿਰ ਤੇ ਸੱਚਾ ਛੱਤ੍ਰ ਝੁਲਾ ਕੇ ਉਸ ਨੇ ਭਗਤਾਂ ਨੂੰ ਪਾਤਸ਼ਾਹੀ ਬਖ਼ਸ਼ੀ ਹੈ।

25865	590	ਸਦਾ ਸੁਖੀਏ ਨਿਰਮਲੇ ਸਤਿਗੁਰ ਕੀ ਕਾਰ ਕਮਾਇ॥		Sadhaa Sukheeeae Niramalae Sathigur Kee Kaar Kamaae ||	They are always at peace, and immaculately pure; they perform service for the True Guru.	ਸਤਿਗੁਰੂ ਦੀ ਦੱਸੀ ਕਾਰ ਕਮਾ ਕੇ ਉਹ ਸਦਾ ਸੁਖੀਏ ਤੇ ਪਵਿਤ੍ਰ ਰਹਿੰਦੇ ਹਨ।
25866	590	ਰਾਜੇ ਓਇ ਨ ਆਖੀਅਹਿ ਭਿੜਿ ਮਰਹਿ ਫਿਰਿ ਜੂਨੀ ਪਾਹਿ॥		Raajae Oue N Aakheeahi Bhirr Marehi Fir Joonee Paahi ||	They are not said to be kings, who die in conflict, and then enter again the cycle of reincarnation.	ਰਾਜੇ ਉਹਨਾਂ ਨੂੰ ਨਹੀਂ ਆਖੀਦਾ ਜੋ ਆਪੋ ਵਿਚ ਲੜ ਮਰਦੇ ਹਨ ਤੇ ਫਿਰ ਜੂਨਾਂ ਵਿਚ ਪੈ ਜਾਂਦੇ ਹਨ।
25867	590	ਨਾਨਕ ਵਿਣੁ ਨਾਵੈ ਨਕੀਂ ਵਢੀਂ ਫਿਰਹਿ ਸੋਭਾ ਮੂਲਿ ਨ ਪਾਹਿ॥੧॥		Naanak Vin Naavai Nakanaee Vadtanaee Firehi Sobhaa Mool N Paahi ||1||	O Nanak, without the Name of the Lord, they wander about with their noses cut off in disgrace; they get no respect at all. ||1||	ਹੇ ਨਾਨਕ! ਨਾਮ ਤੋਂ ਸੱਖਣੇ ਰਾਜੇ ਭੀ ਨਕ-ਵੱਢੇ ਫਿਰਦੇ ਹਨ ਤੇ ਕਦੇ ਸੋਭਾ ਨਹੀਂ ਪਾਂਦੇ ॥੧॥
25868	590	ਮਃ ੩॥		Ma 3 ||	Third Mehl:	
25869	590	ਸੁਣਿ ਸਿਖਿਐ ਸਾਦੁ ਨ ਆਇਓ ਜਿਚਰੁ ਗੁਰਮੁਖਿ ਸਬਦਿ ਨ ਲਾਗੈ॥		Sun Sikhiai Saadh N Aaeiou Jichar Guramukh Sabadh N Laagai ||	Hearing the teachings, he does not appreciate them, as long as he is not Gurmukh, attached to the Word of the Shabad.	ਜਦ ਤਾਈਂ ਸਤਿਗੁਰੂ ਦੇ ਸਨਮੁਖ ਹੋ ਕੇ ਮਨੁੱਖ ਸਤਿਗੁਰੂ ਦੇ ਸ਼ਬਦ ਵਿਚ ਨਹੀਂ ਜੁੜਦਾ ਤਦ ਤਾਈਂ ਸਤਿਗੁਰੂ ਦੀ ਸਿੱਖਿਆ ਨਿਰੀ ਸੁਣ ਕੇ ਸੁਆਦ ਨਹੀਂ ਆਉਂਦਾ।

25870	590	ਸਤਿਗੁਰਿ ਸੇਵਿਐ ਨਾਮੁ ਮਨਿ ਵਸੈ ਵਿਚਹੁ ਭ੍ਰਮੁ ਭਉ ਭਾਗੈ॥		Sathigur Saeviai Naam Man Vasai Vichahu Bhram Bho Bhaagai ||	Serving the True Guru, the Naam comes to abide in the mind, and doubts and fears run away.	ਸਤਿਗੁਰੂ ਦੀ ਦੱਸੀ ਸੇਵਾ ਕੀਤਿਆਂ ਹੀ ਨਾਮ ਮਨ ਵਿਚ ਵੱਸਦਾ ਹੈ ਤੇ ਅੰਦਰੋਂ ਭਰਮ ਤੇ ਡਰ ਦੂਰ ਹੋ ਜਾਂਦਾ ਹੈ।
25871	590	ਜੇਹਾ ਸਤਿਗੁਰ ਨੋ ਜਾਣੈ ਤੇਹੋ ਹੋਵੈ ਤਾ ਸਚਿ ਨਾਮਿ ਲਿਵ ਲਾਗੈ॥		Jaehaa Sathigur No Jaanai Thaeho Hovai Thaa Sach Naam Liv Laagai ||	As he knows the True Guru, so he is transformed, and then, he lovingly focuses his consciousness on the Naam.	ਜਦੋਂ ਮਨੁੱਖ ਜਿਹੋ ਜਿਹਾ ਆਪਣੇ ਸਤਿਗੁਰੂ ਨੂੰ ਸਮਝਦਾ ਹੈ, ਤਿਹੋ ਜਿਹਾ ਆਪ ਬਣ ਜਾਏ (ਭਾਵ, ਜਦੋਂ ਆਪਣੇ ਸਤਿਗੁਰੂ ਵਾਲੇ ਗੁਣ ਧਾਰਨ ਕਰੇ) ਤਦੋਂ ਉਸ ਦੀ ਬ੍ਰਿਤੀ ਸੱਚੇ ਨਾਮ ਵਿਚ ਜੁੜਦੀ ਹੈ।
25872	590	ਨਾਨਕ ਨਾਮਿ ਮਿਲੈ ਵਡਿਆਈ ਹਰਿ ਦਰਿ ਸੋਹਨਿ ਆਗੈ ॥੨॥		Naanak Naam Milai Vaddiaaee Har Dhar Sohan Aagai ||2||	O Nanak, through the Naam, the Name of the Lord, greatness is obtained; he shall be resplendent in the Court of the Lord hereafter. ||2||	ਹੇ ਨਾਨਕ! (ਇਹੋ ਜਿਹੇ ਜੀਵਾਂ ਨੂੰ) ਨਾਮ ਦੇ ਕਾਰਨ ਏਥੇ ਆਦਰ ਮਿਲਦਾ ਹੈ ਤੇ ਅੱਗੇ ਹਰੀ ਦੀ ਨਿਗਾਹ ਦੀ ਦਰਗਾਹ ਵਿਚ ਉਹ ਸੋਭਾ ਪਾਉਂਦੇ ਹਨ ॥੨॥
25873	590	ਪਉੜੀ॥		Pourree ||	Pauree:	
25874	590	ਗੁਰਸਿਖਾਂ ਮਨਿ ਹਰਿ ਪ੍ਰੀਤਿ ਹੈ ਗੁਰੁ ਪੂਜਣ ਆਵਹਿ॥		Gurasikhaan Man Har Preeth Hai Gur Poojan Aavehi ||	The minds of the Gursikhs are filled with the love of the Lord; they come and worship the Guru.	ਗੁਰਸਿੱਖਾਂ ਦੇ ਮਨ ਵਿਚ ਹਰੀ ਦਾ ਪਿਆਰ ਹੁੰਦਾ ਹੈ ਤੇ (ਉਸ ਪਿਆਰ ਦਾ ਸਦਕਾ ਉਹ) ਆਪਣੇ ਸਤਿਗੁਰੂ ਦੀ ਸੇਵਾ ਕਰਨ ਆਉਂਦੇ ਹਨ।

25875	590	ਹਰਿ ਨਾਮੁ ਵਣੰਜਹਿ ਰੰਗ ਸਿਉ ਲਾਹਾ ਹਰਿ ਨਾਮੁ ਲੈ ਜਾਵਹਿ॥	ਵਣੰਜ-ਹਿ	Har Naam Vananjehi Rang Sio Laahaa Har Naam Lai Jaavehi ||	They trade lovingly in the Lord's Name, and depart after earning the profit of the Lord's Name.	(ਸਤਿਗੁਰੂ ਦੇ ਕੋਲ ਆ ਕੇ) ਪਿਆਰ ਨਾਲ ਹਰੀ-ਨਾਮ ਦਾ ਵਪਾਰ ਕਰਦੇ ਹਨ ਤੇ ਹਰੀ-ਨਾਮ ਦਾ ਲਾਭ ਖੱਟ ਕੇ ਲੈ ਜਾਂਦੇ ਹਨ।
25876	590	ਗੁਰਸਿਖਾ ਕੇ ਮੁਖ ਉਜਲੇ ਹਰਿ ਦਰਗਹ ਭਾਵਹਿ॥		Gurasikhaa Kae Mukh Oujalae Har Dharageh Bhaavehi ||	The faces of the Gursikhs are radiant; in the Court of the Lord, they are approved.	(ਇਹੋ ਜਿਹੇ) ਗੁਰਸਿੱਖਾਂ ਦੇ ਮੂੰਹ ਉਜਲੇ ਹੁੰਦੇ ਹਨ ਤੇ ਹਰੀ ਦੀ ਦਰਗਾਹ ਵਿਚ ਉਹ ਪਿਆਰੇ ਲੱਗਦੇ ਹਨ।
25877	590	ਗੁਰੁ ਸਤਿਗੁਰੁ ਬੋਹਲੁ ਹਰਿ ਨਾਮ ਕਾ ਵਡਭਾਗੀ ਸਿਖ ਗੁਣ ਸਾਂਝ ਕਰਾਵਹਿ॥	(ਬੋਹਲੁ) ਭੰਡਾਰ	Gur Sathigur Bohal Har Naam Kaa Vaddabhaagee Sikh Gun Saanjh Karaavehi ||	The Guru, the True Guru, is the treasure of the Lord's Name; how very fortunate are the Sikhs who share in this treasure of virtue.	ਗੁਰੂ ਸਤਿਗੁਰੂ ਹਰੀ ਦੇ ਨਾਮ ਦਾ (ਮਾਨੋ) ਬੋਹਲ ਹੈ, ਵੱਡੇ ਭਾਗਾਂ ਵਾਲੇ ਸਿੱਖ ਆ ਕੇ ਗੁਣਾਂ ਦੀ ਭਿਆਲੀ ਪਾਉਂਦੇ ਹਨ।
25878	590	ਤਿਨਾ ਗੁਰਸਿਖਾ ਕੰਉ ਹਉ ਵਾਰਿਆ ਜੋ ਬਹਦਿਆ ਉਠਦਿਆ ਹਰਿ ਨਾਮੁ ਧਿਆਵਹਿ॥੧੧॥		Thinaa Gurasikhaa Kano Ho Vaariaa Jo Behadhiaa Outhadhiaa Har Naam Dhhiaavehi ||11||	I am a sacrifice to those Gursikhs who, sitting and standing, meditate on the Lord's Name. ||11||	ਸਦਕੇ ਹਾਂ ਉਹਨਾਂ ਗੁਰਸਿੱਖਾਂ ਤੋਂ, ਜੋ ਬਹਦਿਆਂ ਉਠਦਿਆਂ (ਭਾਵ, ਹਰ ਵੇਲੇ) ਹਰੀ ਦਾ ਨਾਮ ਸਿਮਰਦੇ ਹਨ ॥੧੧॥

25879	590	ਸਲੋਕ ਮਃ ੩॥		Salok Ma 3 ||	Shalok, Third Mehl:	
25880	590	ਨਾਨਕ ਨਾਮੁ ਨਿਧਾਨੁ ਹੈ ਗੁਰਮੁਖਿ ਪਾਇਆ ਜਾਇ॥		Naanak Naam Nidhhaan Hai Guramukh Paaeiaa Jaae ||	O Nanak, the Naam, the Name of the Lord, is the treasure, which the Gurmukhs obtain.	ਹੇ ਨਾਨਕ! ਨਾਮ (ਹੀ ਅਸਲ) ਖ਼ਜ਼ਾਨਾ ਹੈ, ਜੋ ਸਤਿਗੁਰੂ ਦੇ ਸਨਮੁਖ ਹੋ ਕੇ ਮਿਲ ਸਕਦਾ ਹੈ।
25881	590	ਮਨਮੁਖ ਘਰਿ ਹੋਦੀ ਵਥੁ ਨ ਜਾਣਨੀ ਅੰਧੇ ਭਉਕਿ ਮੁਏ ਬਿਲਲਾਇ॥੧॥		Manamukh Ghar Hodhee Vathh N Jaananee Andhhae Bhouk Mueae Bilalaae ||1||	The self-willed manmukhs are blind; they do not realize that it is within their own home. They die barking and crying. ||1||	ਅੰਨ੍ਹੇ ਮਨਮੁਖ (ਹਿਰਦੇ-ਰੂਪ) ਘਰ ਵਿਚ ਹੁੰਦੀ (ਇਸ) ਵਸਤ ਨੂੰ ਨਹੀਂ ਪਛਾਣਦੇ, ਤੇ (ਬਾਹਰ ਮਾਇਆ ਦੇ ਪਿਛੇ) ਵਿਲਕਦੇ ਤੇ ਭਉਂਕਦੇ ਮਰ ਜਾਂਦੇ ਹਨ ॥੧॥
25882	590	ਮਃ ੩॥		Ma 3 ||	Third Mehl:	
25883	590	ਕੰਚਨ ਕਾਇਆ ਨਿਰਮਲੀ ਜੋ ਸਚਿ ਨਾਮਿ ਸਚਿ ਲਾਗੀ॥		Kanchan Kaaeiaa Niramalee Jo Sach Naam Sach Laagee ||	That body is golden and immaculate, which is attached to the True Name of the True Lord.	ਜੋ ਸਰੀਰ ਸੱਚੇ ਨਾਮ ਦੀ ਰਾਹੀਂ ਸੱਚੇ ਪ੍ਰਭੂ ਵਿਚ ਜੁੜਿਆ ਹੋਇਆ ਹੈ, ਉਹ ਸੋਨੇ ਵਰਗਾ ਸੁੱਧ ਹੈ।
25884	590	ਨਿਰਮਲ ਜੋਤਿ ਨਿਰੰਜਨੁ ਪਾਇਆ ਗੁਰਮੁਖਿ ਭ੍ਰਮੁ ਭਉ ਭਾਗੀ॥		Niramal Joth Niranjan Paaeiaa Guramukh Bhram Bho Bhaagee ||	The Gurmukh obtains the Pure Light of the Luminous Lord, and his doubts and fears run away.	ਉਸ ਨੂੰ ਨਿਰਮਲ ਜੋਤਿ (ਰੂਪ) ਮਾਇਆ ਤੋਂ ਰਹਿਤ ਪ੍ਰਭੂ ਮਿਲ ਪੈਂਦਾ ਹੈ ਤੇ ਸਤਿਗੁਰੂ ਦੇ ਸਨਮੁਖ ਹੋ ਕੇ ਉਸ ਦਾ ਭਰਮ ਤੇ ਡਰ ਦੂਰ ਹੋ ਜਾਂਦਾ ਹੈ।

25885	590	ਨਾਨਕ ਗੁਰਮੁਖਿ ਸਦਾ ਸੁਖੁ ਪਾਵਹਿ ਅਨ ਦਿਨੁ ਹਰਿ ਬੈਰਾਗੀ॥੨॥		Naanak Guramukh Sadhaa Sukh Paavehi Anadhin Har Bairaagee ||2||	O Nanak, the Gurmukhs find lasting peace; night and day, they remain detached, while in the Love of the Lord. ||2||	ਹੇ ਨਾਨਕ! ਸਤਿਗੁਰੂ ਦੇ ਸਨਮੁਖ ਮਨੁੱਖ ਹਰ ਵੇਲੇ ਪਰਮਾਤਮਾ ਦੇ ਵੈਰਾਗੀ ਹੋ ਕੇ ਸਦਾ ਸੁਖ ਪਾਉਂਦੇ ਹਨ ॥੨॥
25886	590	ਪਉੜੀ॥		Pourree ||	Pauree:	
25887	590	ਸੇ ਗੁਰਸਿਖ ਧਨੁ ਧੰਨੁ ਹੈ ਜਿਨੀ ਗੁਰ ਉਪਦੇਸੁ ਸੁਣਿਆ ਹਰਿ ਕੰਨੀ॥		Sae Gurasikh Dhhan Dhhann Hai Jinee Gur Oupadhaes Suniaa Har Kannee ||	Blessed blessed are those Gursikhs who, with their ears, listen to the Guru's Teachings about the Lord.	ਧੰਨ ਹਨ ਉਹ ਗੁਰਸਿੱਖ ਜਿਨ੍ਹਾਂ ਨੇ ਸਤਿਗੁਰੂ ਦਾ ਉਪਦੇਸ਼ ਗਹੁ ਨਾਲ ਸੁਣਿਆ ਹੈ।
25888	590	ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ਤਿਨਿ ਹੰਉਮੈ ਦੁਬਿਧਾ ਭੰਨੀ॥		Gur Sathigur Naam Dhrirraaeiaa Thin Hanoumai Dhubidhhaa Bhannee ||	The Guru, the True Guru, implants the Naam within them, and their egotism and duality are silenced.	ਸਤਿਗੁਰੂ ਨੇ (ਜਿਸ ਦੇ ਭੀ ਹਿਰਦੇ ਵਿਚ) ਨਾਮ ਦ੍ਰਿੜ੍ਹ ਕੀਤਾ ਹੈ ਉਸ ਨੇ ਹਉਮੈ ਤੇ ਦੁਬਿਧਾ (ਹਿਰਦੇ ਵਿਚੋਂ) ਭੰਨ ਸੁੱਟੀ ਹੈ।
25889	590	ਬਿਨੁ ਹਰਿ ਨਾਵੈ ਕੋ ਮਿਤ੍ਰੁ ਨਾਹੀ ਵੀਚਾਰਿ ਡਿਠਾ ਹਰਿ ਜੰਨੀ॥		Bin Har Naavai Ko Mithra Naahee Veechaar Ddithaa Har Jannee ||	There is no friend, other than the Name of the Lord; the Lord's humble servants reflect upon this and see.	ਪ੍ਰਭੂ ਦਾ ਸਿਮਰਨ ਕਰਨ ਵਾਲਿਆਂ (ਗੁਰ-ਸਿੱਖਾਂ) ਨੇ ਇਹ ਗੱਲ ਵਿਚਾਰ ਕੇ ਵੇਖ ਲਈ ਹੈ ਕਿ ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ (ਸੱਚਾ) ਮਿਤ੍ਰ ਨਹੀਂ ਹੈ।

25890	591	ਜਿਨਾ ਗੁਰਸਿਖਾ ਕਉ ਹਰਿ ਸੰਤੁਸਟੁ ਹੈ ਤਿਨੀ ਸਤਿਗੁਰ ਕੀ ਗਲ ਮੰਨੀ॥	(ਸੰਤੁਸਟੁ)ਪ੍ਰਸੰਨ	Jinaa Gurasikhaa Ko Har Santhusatt Hai Thinee Sathigur Kee Gal Mannee ||	Those Gursikhs, with whom the Lord is pleased, accept the Word of the True Guru.	ਜਿਨ੍ਹਾਂ ਗੁਰਸਿੱਖਾਂ ਤੇ ਪ੍ਰਭੂ ਪ੍ਰਸੰਨ ਹੁੰਦਾ ਹੈ, ਉਹ ਸਤਿਗੁਰੂ ਦੀ ਸਿੱਖਿਆ ਤੇ ਤੁਰਦੇ ਹਨ।
25891	591	ਜੋ ਗੁਰਮੁਖਿ ਨਾਮੁ ਧਿਆਇਦੇ ਤਿਨੀ ਚੜੀ ਚਵਗਣਿ ਵੰਨੀ॥੧੨॥	ਚੜ੍ਹੀ (ਚ-ਵਗਣਿ) ਚੌਗੁਣੀ (ਵੰਨੀ) ਰੰਗਤ	Jo Guramukh Naam Dhhiaaeidhae Thinee Charree Chavagan Vannee ||12||	Those Gurmukhs who meditate on the Naam are imbued with the four-fold color of the Lord's Love. ||12||	ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੋ ਕੇ ਨਾਮ ਜਪਦੇ ਹਨ, ਉਹਨਾਂ ਨੂੰ (ਪ੍ਰੇਮ ਦੀ) ਚੌਗੁਣੀ ਰੰਗਣ ਚੜ੍ਹਦੀ ਹੈ ॥੧੨॥
25892	591	ਸਲੋਕ ਮਃ ੩॥		Salok Ma 3 ||	Shalok, Third Mehl:	
25893	591	ਮਨਮੁਖੁ ਕਾਇਰੁ ਕਰੂਪੁ ਹੈ ਬਿਨੁ ਨਾਵੈ ਨਕੁ ਨਾਹਿ॥	ਨੱਕੁ	Manamukh Kaaeir Karoop Hai Bin Naavai Nak Naahi ||	The self-willed manmukh is cowardly and ugly; lacking the Name of the Lord, his nose is cut off in disgrace.	ਮਨ ਦੇ ਅਧੀਨ ਮਨੁੱਖ ਡਰਾਕਲ ਤੇ ਬੇ-ਸ਼ਕਲ ਹੁੰਦਾ ਹੈ, ਨਾਮ ਤੋਂ ਬਿਨਾ ਕਿਤੇ ਉਸ ਨੂੰ ਆਦਰ ਨਹੀਂ ਮਿਲਦਾ।
25894	591	ਅਨ ਦਿਨੁ ਧੰਧੈ ਵਿਆਪਿਆ ਸੁਪਨੈ ਭੀ ਸੁਖੁ ਨਾਹਿ॥		Anadhin Dhhandhhai Viaapiaa Supanai Bhee Sukh Naahi ||	Night and day, he is engrossed in worldly affairs, and even in his dreams, he finds no peace.	ਉਹ ਹਰ ਵੇਲੇ ਮਾਇਆ ਦੇ ਕਜ਼ੀਏ ਵਿਚ ਰੁੱਝਾ ਰਹਿੰਦਾ ਹੈ ਤੇ (ਏਸ ਕਰ ਕੇ) ਉਸ ਨੂੰ ਸੁਪਨੇ ਵਿਚ ਭੀ ਸੁਖ ਨਹੀਂ ਹੁੰਦਾ।

25895	591	ਨਾਨਕ ਗੁਰਮੁਖਿ ਹੋਵਹਿ ਤਾ ਉਬਰਹਿ ਨਾਹਿ ਤ ਬਧੇ ਦੁਖ ਸਹਾਹਿ॥੧॥		Naanak Guramukh Hovehi Thaa Oubarehi Naahi Th Badhhae Dhukh Sehaahi ||1||	O Nanak, if he becomes Gurmukh, then he shall be saved; otherwise, he is held in bondage, and suffers in pain. ||1||	ਹੇ ਨਾਨਕ! ਜੋ ਸਤਿਗੁਰੂ ਦੇ ਸਨਮੁਖ ਹੋ ਜਾਂਦੇ ਹਨ, ਉਹ (ਜੰਜਾਲ ਤੋਂ) ਬਚ ਜਾਂਦੇ ਹਨ, ਨਹੀਂ ਤਾਂ (ਮਾਇਆ ਦੇ ਮੋਹ ਵਿਚ) ਬੱਧੇ ਹੋਏ ਦੁੱਖ ਸਹਿੰਦੇ ਹਨ ॥੧॥
25896	591	ਮਃ ੩॥		Ma 3 ||	Third Mehl:	
25897	591	ਗੁਰਮੁਖਿ ਸਦਾ ਦਰਿ ਸੋਹਣੇ ਗੁਰ ਕਾ ਸਬਦੁ ਕਮਾਹਿ॥		Guramukh Sadhaa Dhar Sohanae Gur Kaa Sabadh Kamaahi ||	The Gurmukhs always look beautiful in the Court of the Lord; they practice the Word of the Guru's Shabad.	ਸਤਿਗੁਰੂ ਦੇ ਸਨਮੁਖ ਹੋਏ ਹੋਏ ਮਨੁੱਖ ਦਰਗਾਹ ਵਿਚ ਸਦਾ ਸੋਭਦੇ ਹਨ (ਕਿਉਂਕਿ) ਉਹ ਸਤਿਗੁਰੂ ਦਾ ਸ਼ਬਦ ਕਮਾਉਂਦੇ ਹਨ।
25898	591	ਅੰਤਰਿ ਸਾਂਤਿ ਸਦਾ ਸੁਖੁ ਦਰਿ ਸਚੈ ਸੋਭਾ ਪਾਹਿ॥		Anthar Saanth Sadhaa Sukh Dhar Sachai Sobhaa Paahi ||	There is a lasting peace and happiness deep within them; at the Court of the True Lord, they receive honor.	ਉਹਨਾਂ ਦੇ ਹਿਰਦੇ ਵਿਚ ਸਦਾ ਸ਼ਾਂਤੀ ਤੇ ਸੁਖ ਹੁੰਦਾ ਹੈ, (ਇਸ ਕਰ ਕੇ) ਸੱਚੀ ਦਰਗਾਹ ਵਿਚ ਸੋਭਾ ਪਾਉਂਦੇ ਹਨ।
25899	591	ਨਾਨਕ ਗੁਰਮੁਖਿ ਹਰਿ ਨਾਮੁ ਪਾਇਆ ਸਹਜੇ ਸਚਿ ਸਮਾਹਿ॥੨॥		Naanak Guramukh Har Naam Paaeiaa Sehajae Sach Samaahi ||2||	O Nanak, the Gurmukhs are blessed with the Name of the Lord; they merge imperceptibly into the True Lord. ||2||	ਹੇ ਨਾਨਕ! ਸਤਿਗੁਰੂ ਦੇ ਸਨਮੁਖ ਮਨੁੱਖਾਂ ਨੂੰ ਹਰੀ ਦਾ ਨਾਮ ਮਿਲਿਆ ਹੋਇਆ ਹੁੰਦਾ ਹੈ, (ਇਸ ਕਰ ਕੇ) ਉਹ ਸੁਤੇ ਹੀ ਸੱਚੇ ਵਿਚ ਲੀਨ ਹੋ ਜਾਂਦੇ ਹਨ ॥੨॥
25900	591	ਪਉੜੀ॥		Pourree ||	Pauree:	

25901	591	ਗੁਰਮੁਖਿ ਪ੍ਰਹਿਲਾਦਿ ਜਪਿ ਹਰਿ ਗਤਿ ਪਾਈ॥		Guramukh Prehilaadh Jap Har Gath Paaee ||	As Gurmukh, Prahlaad meditated on the Lord, and was saved.	ਸਤਿਗੁਰੂ ਦੇ ਸਨਮੁਖ ਹੋ ਕੇ ਪ੍ਰਹਿਲਾਦ ਨੇ ਹਰੀ ਦਾ ਨਾਮ ਜਪ ਕੇ ਉੱਚੀ ਆਤਮਕ ਅਵਸਥਾ ਪ੍ਰਾਪਤ ਕੀਤੀ;।
25902	591	ਗੁਰਮੁਖਿ ਜਨਕਿ ਹਰਿ ਨਾਮਿ ਲਿਵ ਲਾਈ॥		Guramukh Janak Har Naam Liv Laaee ||	As Gurmukh, Janak lovingly centered his consciousness on the Lord's Name.	ਸਤਿਗੁਰੂ ਦੇ ਸਨਮੁਖ ਹੋ ਕੇ ਜਨਕ ਨੇ ਹਰੀ ਦੇ ਨਾਮ ਵਿਚ ਬਿਰਤੀ ਜੋੜੀ।
25903	591	ਗੁਰਮੁਖਿ ਬਸਿਸਟਿ ਹਰਿ ਉਪਦੇਸੁ ਸੁਣਾਈ॥		Guramukh Basisatt Har Oupadhaes Sunaaee ||	As Gurmukh, Vashisht taught the Teachings of the Lord.	ਸਤਿਗੁਰੂ ਦੇ ਸਨਮੁਖ ਹੋ ਕੇ ਵਸ਼ਿਸ਼ਟ ਨੇ ਹਰੀ ਦਾ ਉਪਦੇਸ਼ (ਹੋਰਨਾਂ ਨੂੰ) ਸੁਣਾਇਆ।
25904	591	ਬਿਨੁ ਗੁਰ ਹਰਿ ਨਾਮੁ ਨ ਕਿਨੈ ਪਾਇਆ ਮੇਰੇ ਭਾਈ॥		Bin Gur Har Naam N Kinai Paaeiaa Maerae Bhaaee ||	Without the Guru, no one has found the Lord's Name, O my Siblings of Destiny.	ਹੇ ਮੇਰੇ ਭਾਈ! ਸਤਿਗੁਰੂ ਤੋਂ ਬਿਨਾ ਕਿਸੇ ਨੇ ਨਾਮ ਨਹੀਂ ਲੱਭਾ।
25905	591	ਗੁਰਮੁਖਿ ਹਰਿ ਭਗਤਿ ਹਰਿ ਆਪਿ ਲਹਾਈ॥੧੩॥		Guramukh Har Bhagath Har Aap Lehaaee ||13||	The Lord blesses the Gurmukh with devotion. ||13||	ਸਤਿਗੁਰੂ ਦੇ ਸਨਮੁਖ ਹੋਏ ਮਨੁੱਖ ਨੂੰ ਪ੍ਰਭੂ ਨੇ ਆਪਣੀ ਭਗਤੀ ਆਪ ਬਖ਼ਸ਼ੀ ਹੈ ॥੧੩॥
25906	591	ਸਲੋਕੁ ਮਃ ੩॥		Salok Ma 3 ||	Shalok, Third Mehl:	

25907	591	ਸਤਿਗੁਰ ਕੀ ਪਰਤੀਤਿ ਨ ਆਈਆ ਸਬਦਿ ਨ ਲਾਗੋ ਭਾਉ॥		Sathigur Kee Paratheeth N Aaeeaa Sabadh N Laago Bhaao ||	One who has no faith in the True Guru, and who does not love the Word of the Shabad,	ਜਿਸ ਮਨੁੱਖ ਨੂੰ ਸਤਿਗੁਰੂ ਤੇ ਭਰੋਸਾ ਨਹੀਂ ਬਣਿਆ ਤੇ ਸਤਿਗੁਰੂ ਦੇ ਸ਼ਬਦ ਵਿਚ ਜਿਸ ਦਾ ਪਿਆਰ ਨਹੀਂ ਲੱਗਾ,
25908	591	ਓਸ ਨੋ ਸੁਖੁ ਨ ਉਪਜੈ ਭਾਵੈ ਸਉ ਗੇੜਾ ਆਵਉ ਜਾਉ॥		Ous No Sukh N Oupajai Bhaavai So Gaerraa Aavo Jaao ||	Shall find no peace, even though he may come and go hundreds of times.	ਉਸ ਨੂੰ ਕਦੇ ਸੁਖ ਨਹੀਂ, ਭਾਵੇਂ (ਗੁਰੂ ਪਾਸ) ਸੌ ਵਾਰੀ ਆਵੇ ਜਾਏ।
25909	591	ਨਾਨਕ ਗੁਰਮੁਖਿ ਸਹਜਿ ਮਿਲੈ ਸਚੇ ਸਿਉ ਲਿਵ ਲਾਉ॥੧॥		Naanak Guramukh Sehaj Milai Sachae Sio Liv Laao ||1||	O Nanak, the Gurmukh meets the True Lord with natural ease; he is in love with the Lord. ||1||	ਹੇ ਨਾਨਕ! ਜੇ ਗੁਰੂ ਦੇ ਸਨਮੁਖ ਹੋ ਕੇ ਸੱਚੇ ਵਿਚ ਲਿਵ ਜੋੜੀਏ ਤਾਂ ਪ੍ਰਭੂ ਸਹਿਜੇ ਹੀ ਮਿਲ ਪੈਂਦਾ ਹੈ ॥੧॥
25910	591	ਮਃ ੩॥		Ma 3 ||	Third Mehl:	
25911	591	ਏ ਮਨ ਐਸਾ ਸਤਿਗੁਰੁ ਖੋਜਿ ਲਹੁ ਜਿਤੁ ਸੇਵਿਐ ਜਨਮ ਮਰਣ ਦੁਖੁ ਜਾਇ॥		Eae Man Aisaa Sathigur Khoj Lahu Jith Saeviai Janam Maran Dhukh Jaae ||	O mind, search for such a True Guru, by serving whom the pains of birth and death are dispelled.	ਹੇ ਮੇਰੇ ਮਨ! ਇਹੋ ਜਿਹਾ ਸਤਿਗੁਰੂ ਖੋਜ ਕੇ ਲੱਭ, ਜਿਸ ਦੀ ਸੇਵਾ ਕੀਤਿਆਂ ਤੇਰਾ ਸਾਰੀ ਉਮਰ ਦਾ ਦੁਖ ਦੂਰ ਹੋ ਜਾਏ,

25912	591	ਸਹਸਾ ਮੂਲਿ ਨ ਹੋਵਈ ਹਉਮੈ ਸਬਦਿ ਜਲਾਇ॥		Sehasaa Mool N Hovee Houmai Sabadh Jalaae ||	Doubt shall never afflict you, and your ego shall be burnt away through the Word of the Shabad.	ਕਦੇ ਉੱਕਾ ਹੀ ਚਿੰਤਾ ਨਾ ਹੋਵੇ ਤੇ (ਉਸ ਸਤਿਗੁਰੂ ਦੇ) ਸ਼ਬਦ ਨਾਲ ਤੇਰੀ ਹਉਮੈ ਸੜ ਜਾਏ,
25913	591	ਕੂੜੈ ਕੀ ਪਾਲਿ ਵਿਚਹੁ ਨਿਕਲੈ ਸਚੁ ਵਸੈ ਮਨਿ ਆਇ॥		Koorrai Kee Paal Vichahu Nikalai Sach Vasai Man Aae ||	The veil of falsehood shall be torn down from within you, and Truth shall come to dwell in the mind.	ਤੇਰੇ ਅੰਦਰੋਂ ਕੂੜ ਦੀ ਕੰਧ ਦੂਰ ਹੋ ਜਾਏ ਤੇ ਮਨ ਵਿਚ ਸੱਚਾ ਹਰੀ ਆ ਵੱਸੇ,
25914	591	ਅੰਤਰਿ ਸਾਂਤਿ ਮਨਿ ਸੁਖੁ ਹੋਇ ਸਚ ਸੰਜਮਿ ਕਾਰ ਕਮਾਇ॥		Anthar Saanth Man Sukh Hoe Sach Sanjam Kaar Kamaae ||	Peace and happiness shall fill your mind deep within, if you act according to truth and self-discipline.	ਅਤੇ ਹੇ ਮਨ! (ਉਸ ਸਤਿਗੁਰੂ ਦੇ ਦੱਸੇ ਹੋਏ) ਸੰਜਮ ਵਿਚ ਸੱਚੀ ਕਾਰ ਕਰ ਕੇ ਤੇਰੇ ਅੰਦਰ ਸ਼ਾਂਤੀ ਤੇ ਸੁਖ ਹੋ ਜਾਏ।
25915	591	ਨਾਨਕ ਪੂਰੈ ਕਰਮਿ ਸਤਿਗੁਰੁ ਮਿਲੈ ਹਰਿ ਜੀਉ ਕਿਰਪਾ ਕਰੇ ਰਜਾਇ॥੨॥		Naanak Poorai Karam Sathigur Milai Har Jeeo Kirapaa Karae Rajaae ||2||	O Nanak, by perfect good karma, you shall meet the True Guru, and then the Dear Lord, by His Sweet Will, shall bless you with His Mercy. ||2||	ਹੇ ਨਾਨਕ! ਜਦੋਂ ਹਰੀ ਆਪਣੀ ਰਜ਼ਾ ਵਿਚ ਮੇਹਰ ਕਰਦਾ ਹੈ ਤਦੋਂ (ਇਹੋ ਜਿਹਾ) ਸਤਿਗੁਰੂ ਪੂਰੀ ਬਖ਼ਸ਼ਸ਼ ਨਾਲ ਹੀ ਮਿਲਦਾ ਹੈ ॥੨॥
25916	591	ਪਉੜੀ॥		Pourree ||	Pauree:	

25917	591	ਜਿਸ ਕੈ ਘਰਿ ਦੀਬਾਨੁ ਹਰਿ ਹੋਵੈ ਤਿਸ ਕੀ ਮੁਠੀ ਵਿਚਿ ਜਗਤੁ ਸਭੁ ਆਇਆ॥	ਮੁੱਠੀ। ਜੱਗਤੁ	Jis Kai Ghar Dheebaan Har Hovai This Kee Muthee Vich Jagath Sabh Aaeiaa ||	The whole world comes under the control of one whose home is filled with the Lord, the King.	ਜਿਸ ਮਨੁੱਖ ਦੇ ਹਿਰਦੇ ਵਿਚ (ਸਭ ਦਾ) ਹਾਕਮ ਪ੍ਰਭੂ ਵੱਸਦਾ ਹੋਵੇ, ਸਾਰਾ ਸੰਸਾਰ ਉਸ ਦੇ ਵੱਸ ਵਿਚ ਆ ਜਾਂਦਾ ਹੈ।
25918	591	ਤਿਸ ਕਉ ਤਲਕੀ ਕਿਸੈ ਦੀ ਨਾਹੀ ਹਰਿ ਦੀਬਾਨਿ ਸਭਿ ਆਣਿ ਪੈਰੀ ਪਾਇਆ॥	(ਤਲਕੀ) ਮੁਥਾਜੀ	This Ko Thalakee Kisai Dhee Naahee Har Dheebaan Sabh Aan Pairee Paaeiaa ||	He is subject to no one else's rule, and the Lord, the King, causes everyone to fall at his feet.	ਉਸ ਨੂੰ ਕਿਸੇ ਦੀ ਕਾਣ ਨਹੀਂ ਹੁੰਦੀ, (ਸਗੋਂ) ਪਰਮਾਤਮਾ ਹਾਕਮ ਨੇ ਸਾਰਿਆਂ ਨੂੰ ਲਿਆ ਕੇ ਉਸ ਦੀ ਚਰਨੀਂ ਪਾਇਆ (ਹੁੰਦਾ) ਹੈ।
25919	591	ਮਾਣਸਾ ਕਿਅਹੁ ਦੀਬਾਣਹੁ ਕੋਈ ਨਸਿ ਭਜਿ ਨਿਕਲੈ ਹਰਿ ਦੀਬਾਣਹੁ ਕੋਈ ਕਿਥੈ ਜਾਇਆ॥	(ਮਾਣਸਾ)ਮਨੁੱਖਾਂ। (ਕਿਅਹੁ) ਦੇ। (ਦੀਬਾਣਹੁ) ਕਚਿਹਰੀਓਂ। ਨੱਸਿ ਭੱਜਿ	Maanasaa Kiahu Dheebaanahu Koee Nas Bhaj Nikalai Har Dheebaanahu Koee Kithhai Jaaeiaa ||	One may run away from the courts of other men, but where can one go to escape the Lord's Kingdom?	ਮਨੁੱਖ ਦੀ ਕਚਹਿਰੀ ਵਿਚੋਂ ਤਾਂ ਮਨੁੱਖ ਨੱਸ ਭੱਜ ਕੇ ਭੀ ਕਿਤੇ ਖਿਸਕ ਸਕਦਾ ਹੈ, ਪਰ ਰੱਬ ਦੀ ਹਕੂਮਤ ਤੋਂ ਭੱਜ ਕੇ ਕੋਈ ਕਿੱਥੇ ਜਾ ਸਕਦਾ ਹੈ?

25920	591	ਸੋ ਐਸਾ ਹਰਿ ਦੀਬਾਨੁ ਵਸਿਆ ਭਗਤਾ ਕੈ ਹਿਰਦੈ ਤਿਨਿ ਰਹਦੇ ਖੁਹਦੇ ਆਣਿ ਸਭਿ ਭਗਤਾ ਅਗੈ ਖਲਵਾਇਆ॥	(ਖਲਵਾਇਆ) ਤਾਬਿਆ ਕਰ ਦਿੱਤੇ	So Aisaa Har Dheebaan Vasiaa Bhagathaa Kai Hiradhai Thin Rehadhae Khuhadhae Aan Sabh Bhagathaa Agai Khalavaaeiaa ||	The Lord is such a King, who abides in the hearts of His devotees; He brings the others, and makes them stand before His devotees.	ਇਹੋ ਜਿਹਾ ਹਾਕਮ ਹਰੀ ਭਗਤਾਂ ਦੇ ਹਿਰਦੇ ਵਿਚ ਵੱਸਿਆ ਹੋਇਆ ਹੈ, ਉਸ ਨੇ "ਰਹਿੰਦੇ ਖੁੰਹਦੇ" ਸਾਰੇ ਜੀਵਾਂ ਨੂੰ ਲਿਆ ਕੇ ਭਗਤ ਜਨਾਂ ਦੇ ਅੱਗੇ ਖੜੇ ਕਰ ਦਿੱਤਾ ਹੈ (ਭਾਵ, ਚਰਨੀਂ ਲਿਆ ਪਾਇਆ ਹੈ)।
25921	591	ਹਰਿ ਨਾਵੈ ਕੀ ਵਡਿਆਈ ਕਰਮਿ ਪਰਾਪਤਿ ਹੋਵੈ ਗੁਰਮੁਖਿ ਵਿਰਲੈ ਕਿਨੈ ਧਿਆਇਆ॥੧੪॥		Har Naavai Kee Vaddiaaee Karam Paraapath Hovai Guramukh Viralai Kinai Dhhiaaeiaa ||14||	The glorious greatness of the Lord's Name is obtained only by His Grace; how few are the Gurmukhs who meditate on Him. ||14||	ਪ੍ਰਭੂ ਦੀ ਖ਼ਾਸ ਮੇਹਰ ਨਾਲ ਹੀ ਪ੍ਰਭੂ ਦੇ ਨਾਮ ਦੀ ਵਡਿਆਈ (ਕਰਨ ਦਾ ਗੁਣ) ਪ੍ਰਾਪਤ ਹੁੰਦਾ ਹੈ; ਸਤਿਗੁਰੂ ਦੇ ਸਨਮੁਖ ਹੋ ਕੇ ਕੋਈ ਵਿਰਲਾ ਹੀ (ਨਾਮ) ਸਿਮਰਦਾ ਹੈ ॥੧੪॥
25922	591	ਸਲੋਕੁ ਮਃ ੩॥		Salok Ma 3 ||	Shalok, Third Mehl:	
25923	591	ਬਿਨੁ ਸਤਿਗੁਰ ਸੇਵੇ ਜਗਤੁ ਮੁਆ ਬਿਰਥਾ ਜਨਮੁ ਗਵਾਇ॥	ਜੱਗਤੁ	Bin Sathigur Saevae Jagath Muaa Birathhaa Janam Gavaae ||	Without serving the True Guru, the people of the world are dead; they waste their lives away in vain.	ਸਤਿਗੁਰੂ ਦੇ ਦੱਸੇ ਰਾਹ ਤੇ ਤੁਰਨ ਤੋਂ ਬਿਨਾ (ਮਨੁੱਖਾ) ਜਨਮ ਵਿਅਰਥ ਗਵਾ ਕੇ ਸੰਸਾਰ ਮੁਇਆ ਹੋਇਆ ਹੈ।

25924	591	ਦੂਜੈ ਭਾਇ ਅਤਿ ਦੁਖੁ ਲਗਾ ਮਰਿ ਜੰਮੈ ਆਵੈ ਜਾਇ॥		Dhoojai Bhaae Ath Dhukh Lagaa Mar Janmai Aavai Jaae ||	In love with duality, they suffer terrible pain; they die, and are reincarnated, and continue coming and going.	ਮਾਇਆ ਦੇ ਪਿਆਰ ਵਿਚ ਭਾਰੀ ਕਲੇਸ਼ ਲੱਗਦਾ ਹੈ ਤੇ (ਇਸੇ ਵਿਚ ਹੀ) ਮਰਦਾ ਹੈ ਫੇਰ ਜੰਮਦਾ ਹੈ, ਆਉਂਦਾ ਹੈ ਫੇਰ ਜਾਂਦਾ ਹੈ।
25925	591	ਵਿਸਟਾ ਅੰਦਰਿ ਵਾਸੁ ਹੈ ਫਿਰਿ ਫਿਰਿ ਜੂਨੀ ਪਾਇ॥		Visattaa Andhar Vaas Hai Fir Fir Joonee Paae ||	They live in manure, and are reincarnated again and again.	(ਇਸ ਦਾ ਵਿਕਾਰਾਂ ਦੇ) ਗੰਦ ਵਿਚ ਵਾਸ ਰਹਿੰਦਾ ਹੈ, ਪਰਤ ਪਰਤ ਕੇ ਜੂਨਾਂ ਵਿਚ ਪੈਂਦਾ ਹੈ।
25926	591	ਨਾਨਕ ਬਿਨੁ ਨਾਵੈ ਜਮੁ ਮਾਰਸੀ ਅੰਤਿ ਗਇਆ ਪਛੁਤਾਇ॥੧॥		Naanak Bin Naavai Jam Maarasee Anth Gaeiaa Pashhuthaae ||1||	O Nanak, without the Name, the Messenger of Death punishes them; in the end, they depart regretting and repenting. ||1||	ਹੇ ਨਾਨਕ! ਅਖ਼ੀਰਲੇ ਵੇਲੇ ਪਛੁਤਾਉਂਦਾ ਹੋਇਆ ਜਾਂਦਾ ਹੈ (ਕਿਉਂਕਿ ਉਸ ਵੇਲੇ ਚੇਤਾ ਆਉਂਦਾ ਹੈ) ਕਿ ਨਾਮ ਤੋਂ ਬਿਨਾ ਜਮ ਸਜ਼ਾ ਦੇਵੇਗਾ ॥੧॥
25927	591	ਮਃ ੩॥		Ma 3 ||	Third Mehl:	
25928	591	ਇਸੁ ਜਗ ਮਹਿ ਪੁਰਖੁ ਏਕੁ ਹੈ ਹੋਰ ਸਗਲੀ ਨਾਰਿ ਸਬਾਈ॥		Eis Jag Mehi Purakh Eaek Hai Hor Sagalee Naar Sabaaee ||	In this world, there is one Husband Lord; all other beings are His brides.	ਇਸ ਸੰਸਾਰ ਵਿਚ ਪਤੀ ਇੱਕੋ ਪਰਮਾਤਮਾ ਹੀ ਹੈ, ਹੋਰ ਸਾਰੀ ਸ੍ਰਿਸ਼ਟੀ (ਉਸ ਦੀਆਂ) ਇਸਤ੍ਰੀਆਂ ਹਨ।

25929	592	ਸਭਿ ਘਟ ਭੋਗਵੈ ਅਲਿਪਤੁ ਰਹੈ ਅਲਖੁ ਨ ਲਖਣਾ ਜਾਈ॥	ਅ-ਲਿਪਤੁ। ਅ-ਲਖੁ:ਪੋਲਾ ਬੋਲੋ	Sabh Ghatt Bhogavai Alipath Rehai Alakh N Lakhanaa Jaaee ||	He enjoys the hearts of all, and yet He remains detached; He is unseen; He cannot be described.	ਪਰਮਾਤਮਾ ਪਤੀ ਸਾਰੇ ਘਟਾਂ ਨੂੰ ਭੋਗਦਾ ਹੈ (ਭਾਵ, ਸਾਰੇ ਸਰੀਰਾਂ ਵਿਚ ਵਿਆਪਕ ਹੈ) ਤੇ ਨਿਰਲੇਪ ਭੀ ਹੈ, ਇਸ ਅਲੱਖ ਪ੍ਰਭੂ ਦੀ ਸਮਝ ਨਹੀਂ ਪੈਂਦੀ।
25930	592	ਪੂਰੈ ਗੁਰਿ ਵੇਖਾਲਿਆ ਸਬਦੇ ਸੋਝੀ ਪਾਈ॥		Poorai Gur Vaekhaaliaa Sabadhae Sojhee Paaee ||	The Perfect Guru reveals Him, and through the Word of His Shabad, we come to understand Him.	ਜਦ ਪੂਰੇ ਸਤਿਗੁਰੂ ਨੇ (ਉਸ ਅਲੱਖ ਪ੍ਰਭੂ ਦਾ) ਦਰਸ਼ਨ ਕਰਾ ਦਿੱਤਾ ਤਾਂ ਸਤਿਗੁਰੂ ਦੇ ਸ਼ਬਦ ਦੁਆਰਾ ਸਮਝ ਪੈ ਗਈ।
25931	592	ਪੁਰਖੈ ਸੇਵਹਿ ਸੇ ਪੁਰਖ ਹੋਵਹਿ ਜਿਨੀ ਹਉਮੈ ਸਬਦਿ ਜਲਾਈ॥		Purakhai Saevehi Sae Purakh Hovehi Jinee Houmai Sabadh Jalaaee ||	Those who serve their Husband Lord, become like Him; their egos are burnt away by His Shabad.	ਜਿਨ੍ਹਾਂ ਮਨੁੱਖਾਂ ਨੇ ਸ਼ਬਦ ਦੀ ਰਾਹੀਂ ਅਹੰਕਾਰ ਦੂਰ ਕੀਤਾ ਹੈ ਉਹ ਪ੍ਰਭੂ ਪੁਰਖ ਨੂੰ ਜਪਦੇ ਹਨ ਤੇ ਉਸ ਪੁਰਖ ਦਾ ਰੂਪ ਹੋ ਜਾਂਦੇ ਹਨ।
25932	592	ਤਿਸ ਕਾ ਸਰੀਕੁ ਕੋ ਨਹੀ ਨਾ ਕੋ ਕੰਟਕੁ ਵੈਰਾਈ॥	(ਕੰਟਕੁ) ਕੰਡੇ ਵਾਂਗ ਦੁਖਦਾਈ	This Kaa Sareek Ko Nehee Naa Ko Kanttak Vairaaee ||	He has no rival, no attacker, no enemy.	ਉਸ ਅਲੱਖ ਹਰੀ ਦਾ ਕੋਈ ਸ਼ਰੀਕ ਨਹੀਂ, ਨਾ ਕੋਈ ਦੁਖੀ ਕਰਨ ਵਾਲਾ (ਕੰਟਕ-ਰੂਪ) ਉਸ ਦਾ ਵੈਰੀ ਹੈ।
25933	592	ਨਿਹਚਲ ਰਾਜੁ ਹੈ ਸਦਾ ਤਿਸੁ ਕੇਰਾ ਨਾ ਆਵੈ ਨਾ ਜਾਈ॥		Nihachal Raaj Hai Sadhaa This Kaeraa Naa Aavai Naa Jaaee ||	His rule is unchanging and eternal; He does not come or go.	ਉਸ ਦਾ ਰਾਜ ਸਦਾ ਅਟੱਲ ਹੈ, ਨਾ ਉਹ ਜੰਮਦਾ ਹੈ ਨਾ ਮਰਦਾ ਹੈ।

25934	592	ਅਨ ਦਿਨੁ ਸੇਵਕੁ ਸੇਵਾ ਕਰੇ ਹਰਿ ਸਚੇ ਕੇ ਗੁਣ ਗਾਈ॥		Anadhin Saevak Saevaa Karae Har Sachae Kae Gun Gaaee ||	Night and day, His servant serves Him, singing the Glorious Praises of the True Lord.	(ਸੱਚਾ) ਸੇਵਕ ਉਸ ਸੱਚੇ ਹਰੀ ਦੀ ਸਿਫ਼ਤ-ਸਾਲਾਹ ਕਰ ਕੇ ਹਰ ਵੇਲੇ ਉਸ ਦਾ ਸਿਮਰਨ ਕਰਦਾ ਹੈ।
25935	592	ਨਾਨਕੁ ਵੇਖਿ ਵਿਗਸਿਆ ਹਰਿ ਸਚੇ ਕੀ ਵਡਿਆਈ॥੨॥		Naanak Vaekh Vigasiaa Har Sachae Kee Vaddiaaee ||2||	Beholding the Glorious Greatness of the True Lord, Nanak blossoms forth. ||2||	ਨਾਨਕ (ਵੀ) ਸੱਚੇ ਦੀ ਵਡਿਆਈ ਵੇਖ ਕੇ ਪ੍ਰਸੰਨ ਹੋ ਰਿਹਾ ਹੈ ॥੨॥
25936	592	ਪਉੜੀ॥		Pourree ||	Pauree:	
25937	592	ਜਿਨ ਕੈ ਹਰਿ ਨਾਮੁ ਵਸਿਆ ਸਦ ਹਿਰਦੈ ਹਰਿ ਨਾਮੋ ਤਿਨ ਕੰਉ ਰਖਣਹਾਰਾ॥		Jin Kai Har Naam Vasiaa Sadh Hiradhai Har Naamo Thin Kano Rakhanehaaraa ||	Those whose hearts are forever filled with the Name of the Lord, have the Name of the Lord as their Protector.	ਜਿਨ੍ਹਾਂ ਦੇ ਹਿਰਦੇ ਵਿਚ ਸਦਾ ਹਰੀ ਦਾ ਨਾਮ ਵੱਸਦਾ ਹੈ, ਉਹਨਾਂ ਨੂੰ (ਦੀ ਸਮਝ ਵਿਚ) ਬਚਾਉਣ ਵਾਲਾ ਹਰੀ ਦਾ ਨਾਮ ਹੀ ਹੁੰਦਾ ਹੈ।
25938	592	ਹਰਿ ਨਾਮੁ ਪਿਤਾ ਹਰਿ ਨਾਮੋ ਮਾਤਾ ਹਰਿ ਨਾਮੁ ਸਖਾਈ ਮਿਤ੍ਰੁ ਹਮਾਰਾ॥		Har Naam Pithaa Har Naamo Maathaa Har Naam Sakhaaee Mithra Hamaaraa ||	The Lord's Name is my father, the Lord's Name is my mother; the Lord's Name is my helper and friend.	(ਉਹਨਾਂ ਦਾ ਯਕੀਨ ਬਣ ਜਾਂਦਾ ਹੈ ਕਿ) ਹਰੀ ਦਾ ਨਾਮ ਹੀ ਸਾਡਾ ਮਾਂ ਪਿਉ ਹੈ ਤੇ ਨਾਮ ਹੀ ਸਾਡਾ ਸਖਾ ਤੇ ਮਿਤ੍ਰ ਹੈ।

25939	592	ਹਰਿ ਨਾਵੈ ਨਾਲਿ ਗਲਾ ਹਰਿ ਨਾਵੈ ਨਾਲਿ ਮਸਲਤਿ ਹਰਿ ਨਾਮੁ ਹਮਾਰੀ ਕਰਦਾ ਨਿਤ ਸਾਰਾ॥	ਗੱਲਾਂ। ਮਸ-ਲਤਿ:ਪੋਲਾ ਬੋਲੋ	Har Naavai Naal Galaa Har Naavai Naal Masalath Har Naam Hamaaree Karadhaa Nith Saaraa ||	My conversation is with the Lord's Name, and my counseling is with the Lord's Name; the Lord's Name always takes care of me.	ਹਰੀ ਦੇ ਨਾਮ ਨਾਲ ਹੀ ਸਾਡੀਆਂ ਗੱਲਾਂ, ਤੇ ਨਾਮ ਨਾਲ ਹੀ ਸਲਾਹ ਹੈ; ਨਾਮ ਹੀ ਸਦਾ ਸਾਡੀ ਸਾਰ ਲੈਂਦਾ ਹੈ।
25940	592	ਹਰਿ ਨਾਮੁ ਹਮਾਰੀ ਸੰਗਤਿ ਅਤਿ ਪਿਆਰੀ ਹਰਿ ਨਾਮੁ ਕੁਲੁ ਹਰਿ ਨਾਮੁ ਪਰਵਾਰਾ॥		Har Naam Hamaaree Sangath Ath Piaaree Har Naam Kul Har Naam Paravaaraa ||	The Lord's Name is my most beloved society, the Lord's Name is my ancestry, and the Lord's Name is my family.	ਹਰੀ ਦਾ ਨਾਮ ਹੀ ਸਾਡੀ ਪਿਆਰੀ ਸੰਗਤ ਹੈ, ਤੇ ਨਾਮ ਹੀ ਸਾਡੀ ਕੁਲ ਤੇ ਪਰਵਾਰ ਹੈ।
25941	592	ਜਨ ਨਾਨਕ ਕੰਉ ਹਰਿ ਨਾਮੁ ਹਰਿ ਗੁਰਿ ਦੀਆ ਹਰਿ ਹਲਤਿ ਪਲਤਿ ਸਦਾ ਕਰੇ ਨਿਸਤਾਰਾ॥੧੫॥		Jan Naanak Kano Har Naam Har Gur Dheeaa Har Halath Palath Sadhaa Karae Nisathaaraa ||15||	The Guru, the Lord Incarnate, has bestowed upon servant Nanak the Name of the Lord; in this world, and in the next, the Lord ever saves me. ||15||	ਦਾਸ ਨਾਨਕ ਨੂੰ ਭੀ ਗੁਰੂ ਨੇ (ਉਸ) ਹਰੀ ਦਾ ਨਾਮ ਦਿੱਤਾ ਹੈ ਜੋ ਇਸ ਲੋਕ ਵਿਚ ਤੇ ਪਰਲੋਕ ਵਿਚ ਪਾਰ-ਉਤਾਰਾ ਕਰਦਾ ਹੈ ॥੧੫॥
25942	592	ਸਲੋਕੁ ਮਃ ੩॥		Salok Ma 3 ||	Shalok, Third Mehl:	

25943	592	ਜਿਨ ਕੰਉ ਸਤਿਗੁਰੁ ਭੇਟਿਆ ਸੇ ਹਰਿ ਕੀਰਤਿ ਸਦਾ ਕਮਾਹਿ॥		Jin Kano Sathigur Bhaettiaa Sae Har Keerath Sadhaa Kamaahi ||	Those who meet the True Guru, ever sing the Kirtan of the Lord's Praises.	ਜਿਨ੍ਹਾਂ ਨੂੰ ਸਤਿਗੁਰੂ ਮਿਲਿਆ ਹੈ, ਉਹ ਸਦਾ ਹਰੀ ਦੀ ਸਿਫ਼ਤ-ਸਾਲਾਹ ਕਰਦੇ ਹਨ।
25944	592	ਅਚਿੰਤੁ ਹਰਿ ਨਾਮੁ ਤਿਨ ਕੈ ਮਨਿ ਵਸਿਆ ਸਚੈ ਸਬਦਿ ਸਮਾਹਿ॥		Achinth Har Naam Thin Kai Man Vasiaa Sachai Sabadh Samaahi ||	The Lord's Name naturally fills their minds, and they are absorbed in the Shabad, the Word of the True Lord.	ਚਿੰਤਾ ਤੋਂ ਰਹਿਤ (ਕਰਨ ਵਾਲੇ) ਹਰੀ ਦਾ ਨਾਮ ਉਹਨਾਂ ਦੇ ਮਨ ਵਿਚ ਵੱਸਦਾ ਹੈ ਤੇ ਉਹ ਸਤਿਗੁਰੂ ਦੇ ਸੱਚੇ ਸ਼ਬਦ ਵਿਚ ਲੀਨ ਰਹਿੰਦੇ ਹਨ।
25945	592	ਕੁਲੁ ਉਧਾਰਹਿ ਆਪਣਾ ਮੋਖ ਪਦਵੀ ਆਪੇ ਪਾਹਿ॥		Kul Oudhhaarehi Aapanaa Mokh Padhavee Aapae Paahi ||	They redeem their generations, and they themselves obtain the state of liberation.	ਉਹ ਮਨੁੱਖ ਆਪਣੀ ਕੁਲ ਨੂੰ ਤਾਰ ਲੈਂਦੇ ਹਨ ਤੇ ਆਪ ਭੀ ਮੁਕਤੀ ਦਾ ਦਰਜਾ ਹਾਸਲ ਕਰ ਲੈਂਦੇ ਹਨ।
25946	592	ਪਾਰਬ੍ਰਹਮੁ ਤਿਨ ਕੰਉ ਸੰਤੁਸਟੁ ਭਇਆ ਜੋ ਗੁਰ ਚਰਨੀ ਜਨ ਪਾਹਿ॥		Paarabreham Thin Kano Santhusatt Bhaeiaa Jo Gur Charanee Jan Paahi ||	The Supreme Lord God is pleased with those who fall at the Guru's Feet.	ਜੋ ਮਨੁੱਖ ਸਤਿਗੁਰੂ ਦੀ ਚਰਨੀਂ ਲੱਗਦੇ ਹਨ, ਉਹਨਾਂ ਤੇ ਪਰਮਾਤਮਾ ਪ੍ਰਸੰਨ ਹੋ ਜਾਂਦਾ ਹੈ।

25947	592	ਜਨੁ ਨਾਨਕੁ ਹਰਿ ਕਾ ਦਾਸੁ ਹੈ ਕਰਿ ਕਿਰਪਾ ਹਰਿ ਲਾਜ ਰਖਾਹਿ॥੧॥		Jan Naanak Har Kaa Dhaas Hai Kar Kirapaa Har Laaj Rakhaahi ||1||	Servant Nanak is the Lord's slave; by His Grace, the Lord preserves his honor. ||1||	ਦਾਸ ਨਾਨਕ (ਵੀ) ਉਸ ਹਰੀ ਦਾ ਦਾਸ ਹੈ, ਹਰੀ ਮੇਹਰ ਕਰ ਕੇ (ਆਪਣੇ ਦਾਸ ਦੀ) ਲਾਜ ਰੱਖਦਾ ਹੈ ॥੧॥
25948	592	ਮਃ ੩॥		Ma 3 ||	Third Mehl:	
25949	592	ਹੰਉਮੈ ਅੰਦਰਿ ਖੜਕੁ ਹੈ ਖੜਕੇ ਖੜਕਿ ਵਿਹਾਇ॥	(ਖੜਕੁ) ਅਸ਼ਾਂਤੀ	Hanoumai Andhar Kharrak Hai Kharrakae Kharrak Vihaae ||	In egotism, one is assailed by fear; he passes his life totally troubled by fear.	ਅਹੰਕਾਰ ਵਿਚ ਰਿਹਾਂ ਮਨੁੱਖ ਦੇ ਮਨ ਵਿਚ ਅਸ਼ਾਂਤੀ ਬਣੀ ਰਹਿੰਦੀ ਹੈ ਤੇ ਉਸ ਦੀ ਉਮਰ ਇਸ ਅਸ਼ਾਂਤੀ ਵਿਚ ਹੀ ਗੁਜ਼ਰ ਜਾਂਦੀ ਹੈ।
25950	592	ਹੰਉਮੈ ਵਡਾ ਰੋਗੁ ਹੈ ਮਰਿ ਜੰਮੈ ਆਵੈ ਜਾਇ॥		Hanoumai Vaddaa Rog Hai Mar Janmai Aavai Jaae ||	Egotism is such a terrible disease; he dies, to be reincarnated - he continues coming and going.	ਅਹੰਕਾਰ (ਮਨੁੱਖ ਲਈ) ਇਕ ਤਗੜਾ ਰੋਗ ਹੈ (ਇਸ ਰੋਗ ਵਿਚ ਹੀ) ਮਨੁੱਖ ਮਰਦਾ ਹੈ, ਜੰਮਦਾ ਹੈ, ਆਉਂਦਾ ਹੈ ਫੇਰ ਜਾਂਦਾ ਹੈ (ਭਾਵ, ਜੰਮਣ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ)।
25951	592	ਜਿਨ ਕਉ ਪੂਰਬਿ ਲਿਖਿਆ ਤਿਨਾ ਸਤਗੁਰੁ ਮਿਲਿਆ ਪ੍ਰਭੁ ਆਇ॥		Jin Ko Poorab Likhiaa Thinaa Sathagur Miliaa Prabh Aae ||	Those who have such pre-ordained destiny meet with the True Guru, God Incarnate.	ਜਿਨ੍ਹਾਂ ਦੇ ਹਿਰਦੇ ਵਿਚ ਮੁੱਢ ਤੋਂ (ਕੀਤੇ ਕਰਮਾਂ ਦਾ ਸੰਸਕਾਰ-ਰੂਪ ਲੇਖ) ਉੱਕਰਿਆ ਹੋਇਆ ਹੈ, ਉਹਨਾਂ ਨੂੰ ਸਤਿਗੁਰੂ ਮਿਲਦਾ ਹੈ, ਤੇ (ਸਤਿਗੁਰੂ ਦੇ ਮਿਲਿਆਂ) ਪਰਮਾਤਮਾ (ਭੀ) ਆ ਮਿਲਦਾ ਹੈ।

25952	592	ਨਾਨਕ ਗੁਰ ਪਰਸਾਦੀ ਉਬਰੇ ਹਉਮੈ ਸਬਦਿ ਜਲਾਇ॥੨॥		Naanak Gur Parasaadhee Oubarae Houmai Sabadh Jalaae ||2||	O Nanak, by Guru's Grace, they are redeemed; their egos are burnt away through the Word of the Shabad. ||2||	ਹੇ ਨਾਨਕ! ਉਹ ਮਨੁੱਖ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਹਉਮੈ ਦੂਰ ਕਰ ਕੇ ਸਤਿਗੁਰੂ ਦੀ ਕਿਰਪਾ ਨਾਲ ('ਹਉਮੈ ਰੋਗ' ਤੋਂ) ਬਚ ਜਾਂਦੇ ਹਨ ॥੨॥
25953	592	ਪਉੜੀ॥		Pourree ||	Pauree:	
25954	592	ਹਰਿ ਨਾਮੁ ਹਮਾਰਾ ਪ੍ਰਭੁ ਅਬਿਗਤੁ ਅਗੋਚਰੁ ਅਬਿਨਾਸੀ ਪੁਰਖੁ ਬਿਧਾਤਾ॥		Har Naam Hamaaraa Prabh Abigath Agochar Abinaasee Purakh Bidhhaathaa ||	The Lord's Name is my immortal, unfathomable, imperishable Creator Lord, the Architect of Destiny.	ਜੋ ਹਰੀ ਅਦ੍ਰਿਸ਼ਟ ਹੈ, ਜੋ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਨਾਸ ਤੋਂ ਰਹਿਤ ਹੈ, ਹਰ ਥਾਂ ਵਿਆਪਕ ਹੈ ਤੇ ਸਿਰਜਣਹਾਰ ਹੈ, ਉਸ ਦਾ ਨਾਮ ਸਾਡਾ (ਰਾਖਾ) ਹੈ;
25955	592	ਹਰਿ ਨਾਮੁ ਹਮ ਸ੍ਰੇਵਹ ਹਰਿ ਨਾਮੁ ਹਮ ਪੂਜਹ ਹਰਿ ਨਾਮੇ ਹੀ ਮਨੁ ਰਾਤਾ॥	ਰੱਾਤਾ	Har Naam Ham Sraeveh Har Naam Ham Poojeh Har Naamae Hee Man Raathaa ||	I serve the Lord's Name, I worship the Lord's Name, and my soul is imbued with the Lord's Name.	ਅਸੀਂ ਉਸ ਹਰੀ-ਨਾਮ ਨੂੰ ਸੇਂਵਦੇ ਹਾਂ, ਨਾਮ ਨੂੰ ਪੂਜਦੇ ਹਾਂ, ਨਾਮ ਵਿਚ ਹੀ ਸਾਡਾ ਮਨ ਰੱਤਾ ਹੋਇਆ ਹੈ।
25956	592	ਹਰਿ ਨਾਮੈ ਜੇਵਡੁ ਕੋਈ ਅਵਰੁ ਨ ਸੂਝੈ ਹਰਿ ਨਾਮੋ ਅੰਤਿ ਛਡਾਤਾ॥		Har Naamai Jaevadd Koee Avar N Soojhai Har Naamo Anth Shhaddaathaa ||	I know of no other as great as the Lord's Name; the Lord's Name shall deliver me in the end.	ਹਰੀ ਦੇ ਨਾਮ ਜੇਡਾ ਮੈਨੂੰ ਕੋਈ ਹੋਰ ਸੁੱਝਦਾ ਨਹੀਂ, ਨਾਮ ਹੀ ਅਖ਼ੀਰ ਵੇਲੇ ਛਡਾਉਂਦਾ ਹੈ।

25957	592	ਹਰਿ ਨਾਮੁ ਦੀਆ ਗੁਰਿ ਪਰਉਪਕਾਰੀ ਧਨੁ ਧੰਨੁ ਗੁਰੂ ਕਾ ਪਿਤਾ ਮਾਤਾ॥		Har Naam Dheeaa Gur Paroupakaaree Dhhan Dhhann Guroo Kaa Pithaa Maathaa ||	The Generous Guru has given me the Lord's Name; blessed, blessed are the Guru's mother and father.	ਧੰਨ ਹੈ ਉਸ ਪਰਉਪਕਾਰੀ ਸਤਿਗੁਰੂ ਦਾ ਮਾਂ ਪਿਉ, ਜਿਸ ਗੁਰੂ ਨੇ ਸਾਨੂੰ ਨਾਮ ਬਖ਼ਸ਼ਿਆ ਹੈ।
25958	592	ਹੰਉ ਸਤਿਗੁਰ ਅਪੁਣੇ ਕੰਉ ਸਦਾ ਨਮਸਕਾਰੀ ਜਿਤੁ ਮਿਲਿਐ ਹਰਿ ਨਾਮੁ ਮੈ ਜਾਤਾ॥੧੬॥		Hano Sathigur Apunae Kano Sadhaa Namasakaaree Jith Miliai Har Naam Mai Jaathaa ||16||	I ever bow in humble reverence to my True Guru; meeting Him, I have come to know the Lord's Name. ||16||	ਮੈਂ ਆਪਣੇ ਸਤਿਗੁਰੂ ਨੂੰ ਸਦਾ ਨਮਸਕਾਰ ਕਰਦਾ ਹਾਂ, ਜਿਸ ਦੇ ਮਿਲਣ ਤੇ ਮੈਨੂੰ ਹਰੀ ਦੇ ਨਾਮ ਦੀ ਸਮਝ ਪਈ ਹੈ ॥੧੬॥
25959	592	ਸਲੋਕੁ ਮਃ ੩॥		Salok Ma 3 ||	Shalok, Third Mehl:	
25960	592	ਗੁਰਮੁਖਿ ਸੇਵ ਨ ਕੀਨੀਆ ਹਰਿ ਨਾਮਿ ਨ ਲਗੋ ਪਿਆਰੁ॥		Guramukh Saev N Keeneeaa Har Naam N Lago Piaar ||	One who does not serve the Guru as Gurmukh, who does not love the Lord's Name	ਜਿਸ ਨੇ ਸਤਿਗੁਰੂ ਦੇ ਸਨਮੁਖ ਹੋ ਕੇ ਨਾ ਸੇਵਾ ਕੀਤੀ, ਨਾ ਪਰਮਾਤਮਾ ਦੇ ਨਾਮ ਵਿਚ ਉਸ ਦਾ ਪਿਆਰ ਹੀ ਲੱਗਾ,
25961	592	ਸਬਦੈ ਸਾਦੁ ਨ ਆਇਓ ਮਰਿ ਜਨਮੈ ਵਾਰੋ ਵਾਰ॥		Sabadhai Saadh N Aaeiou Mar Janamai Vaaro Vaar ||	And who does not savor the taste of the Shabad, shall die, and be reborn, over and over again.	ਸ਼ਬਦ ਵਿਚ ਰਸ ਭੀ ਨਾ ਆਇਆ, ਤਾਂ ਉਹ ਘੜੀ ਮੁੜੀ ਜੰਮਦਾ ਮਰਦਾ ਹੈ।

25962	592	ਮਨਮੁਖਿ ਅੰਧੁ ਨ ਚੇਤਈ ਕਿਤੁ ਆਇਆ ਸੈਸਾਰਿ॥		Manamukh Andhh N Chaethee Kith Aaeiaa Saisaar ||	The blind, self-willed manmukh does not think of the Lord; why did he even come into the world?	ਜੇ ਅੰਨ੍ਹਾ ਮਨਮੁਖ ਹਰੀ ਨੂੰ ਯਾਦ ਨਹੀਂ ਕਰਦਾ ਤਾਂ ਸੰਸਾਰ ਵਿਚ ਆਉਣ ਦਾ ਕੀਹ ਲਾਭ?
25963	592	ਨਾਨਕ ਜਿਨ ਕਉ ਨਦਰਿ ਕਰੇ ਸੇ ਗੁਰਮੁਖਿ ਲੰਘੇ ਪਾਰਿ॥੧॥		Naanak Jin Ko Nadhar Karae Sae Guramukh Langhae Paar ||1||	O Nanak, that Gurmukh, upon whom the Lord casts His Glance of Grace, crosses over the world-ocean. ||1||	ਹੇ ਨਾਨਕ! ਜਿਨ੍ਹਾਂ ਮਨੁੱਖਾਂ ਤੇ ਮੇਹਰ ਦੀ ਨਜ਼ਰ ਕਰਦਾ ਹੈ, ਉਹ ਸਤਿਗੁਰੂ ਦੇ ਸਨਮੁਖ ਹੋ ਕੇ (ਸੰਸਾਰ ਸਾਗਰ ਤੋਂ) ਪਾਰ ਉਤਰਦੇ ਹਨ ॥੧॥
25964	592	ਮਃ ੩॥		Ma 3 ||	Third Mehl:	
25965	592	ਇਕੋ ਸਤਿਗੁਰੁ ਜਾਗਤਾ ਹੋਰੁ ਜਗੁ ਸੂਤਾ ਮੋਹਿ ਪਿਆਸਿ॥		Eiko Sathigur Jaagathaa Hor Jag Soothaa Mohi Piaas ||	Only the Guru is awake; the rest of the world is asleep in emotional attachment and desire.	ਇਕ ਸਤਿਗੁਰੂ ਹੀ ਸੁਚੇਤ ਹੈ, ਹੋਰ ਸਾਰਾ ਸੰਸਾਰ (ਮਾਇਆ ਦੇ) ਮੋਹ ਵਿਚ ਤੇ ਤ੍ਰਿਸ਼ਨਾ ਵਿਚ ਸੁੱਤਾ ਹੋਇਆ ਹੈ।
25966	592	ਸਤਿਗੁਰੁ ਸੇਵਨਿ ਜਾਗੰਨਿ ਸੇ ਜੋ ਰਤੇ ਸਚਿ ਨਾਮਿ ਗੁਣਤਾਸਿ॥		Sathigur Saevan Jaagann Sae Jo Rathae Sach Naam Gunathaas ||	Those who serve the True Guru and remain wakeful, are imbued with the True Name, the treasure of virtue.	ਜੋ ਮਨੁੱਖ ਸਤਿਗੁਰੂ ਦੀ ਸੇਵਾ ਕਰਦੇ ਹਨ ਤੇ ਗੁਣਾਂ ਦੇ ਖ਼ਜ਼ਾਨੇ ਸੱਚੇ ਨਾਮ ਵਿਚ ਰੱਤੇ ਹੋਏ ਹਨ, (ਉਹ) ਜਾਗਦੇ ਹਨ।

25967	593	ਮਨਮੁਖਿ ਅੰਧ ਨ ਚੇਤਨੀ ਜਨਮਿ ਮਰਿ ਹੋਹਿ ਬਿਨਾਸਿ॥		Manamukh Andhh N Chaethanee Janam Mar Hohi Binaas ||	The blind, self-willed manmukhs do not think of the Lord; they are ruined through birth and death.	ਅੰਨ੍ਹੇ ਮਨਮੁਖ ਹਰੀ ਨੂੰ ਸਿਮਰਦੇ ਨਹੀਂ, ਜਨਮ ਮਰਨ ਦੇ ਗੇੜ ਵਿਚ ਪੈ ਕੇ ਤਬਾਹ ਹੋ ਰਹੇ ਹਨ।
25968	593	ਨਾਨਕ ਗੁਰਮੁਖਿ ਤਿਨੀ ਨਾਮੁ ਧਿਆਇਆ ਜਿਨ ਕੰਉ ਧੁਰਿ ਪੂਰਬਿ ਲਿਖਿਆਸਿ॥੨॥		Naanak Guramukh Thinee Naam Dhhiaaeiaa Jin Kano Dhhur Poorab Likhiaas ||2||	O Nanak, the Gurmukhs meditate on the Naam, the Name of the Lord; this is their destiny, pre-ordained by the Primal Lord God. ||2||	ਹੇ ਨਾਨਕ! ਗੁਰੂ ਦੇ ਸਨਮੁਖ ਹੋ ਕੇ ਉਹਨਾਂ ਨੇ ਨਾਮ ਸਿਮਰਿਆ ਹੈ, ਜਿਨ੍ਹਾਂ ਦੇ ਹਿਰਦੇ ਵਿਚ ਧੁਰ ਮੁੱਢ ਤੋਂ (ਕੀਤੇ ਕਰਮਾ ਦੇ ਸੰਸਕਾਰਾਂ ਅਨੁਸਾਰ) ਇਹ ਲਿਖਿਆ ਪਿਆ ਹੈ ॥੨॥
25969	593	ਪਉੜੀ॥		Pourree ||	Pauree:	
25970	593	ਹਰਿ ਨਾਮੁ ਹਮਾਰਾ ਭੋਜਨੁ ਛਤੀਹ ਪਰਕਾਰ ਜਿਤੁ ਖਾਇਐ ਹਮ ਕਉ ਤ੍ਰਿਪਤਿ ਭਈ॥		Har Naam Hamaaraa Bhojan Shhatheeh Parakaar Jith Khaaeiai Ham Ko Thripath Bhee ||	The Lord's Name is my food; eating the thirty-six varieties of it, I am satisfied and satiated.	ਹਰੀ ਦਾ ਨਾਮ ਸਾਡਾ ਛੱਤੀ (੩੬) ਤਰ੍ਹਾਂ ਦਾ (ਭਾਵ, ਕਈ ਸੁਆਦਾਂ ਵਾਲਾ) ਭੋਜਨ ਹੈ, ਜਿਸ ਨੂੰ ਖਾ ਕੇ ਅਸੀਂ ਰੱਜ ਗਏ ਹਾਂ (ਭਾਵ, ਮਾਇਕ ਪਦਾਰਥਾਂ ਵਲੋਂ ਤ੍ਰਿਪਤ ਹੋ ਗਏ ਹਾਂ)।

25971	593	ਹਰਿ ਨਾਮੁ ਹਮਾਰਾ ਪੈਨਣੁ ਜਿਤੁ ਫਿਰਿ ਨੰਗੇ ਨ ਹੋਵਹ ਹੋਰ ਪੈਨਣ ਕੀ ਹਮਾਰੀ ਸਰਧ ਗਈ॥		Har Naam Hamaaraa Painan Jith Fir Nangae N Hoveh Hor Painan Kee Hamaaree Saradhh Gee ||	The Lord's Name is my clothing; wearing it, I shall never be naked again, and my desire to wear other clothing is gone.	ਹਰੀ ਦਾ ਨਾਮ ਹੀ ਸਾਡੀ ਪੁਸ਼ਾਕ ਹੈ ਜਿਸ ਨੂੰ ਪਹਿਨ ਕੇ ਕਦੇ ਬੇ-ਪੜਦਾ ਨਾਹ ਹੋਵਾਂਗੇ, ਤੇ ਹੋਰ (ਸੁੰਦਰ) ਪੁਸ਼ਾਕਾਂ ਪਾਉਣ ਦੀ ਸਾਡੀ ਚਾਹ ਦੂਰ ਹੋ ਗਈ ਹੈ।
25972	593	ਹਰਿ ਨਾਮੁ ਹਮਾਰਾ ਵਣਜੁ ਹਰਿ ਨਾਮੁ ਵਾਪਾਰੁ ਹਰਿ ਨਾਮੈ ਕੀ ਹਮ ਕੰਉ ਸਤਿਗੁਰ ਕਾਰਕੁਨੀ ਦੀਈ॥	ਨਾਮ ਵਰਤਾਉਣ ਦੀ (ਕਾਰਕੁਨੀ) ਮੁਖਤਿਆਰੀ ਦਿੱਤੀ। ਦੀ-ਈ	Har Naam Hamaaraa Vanaj Har Naam Vaapaar Har Naamai Kee Ham Kano Sathigur Kaarakunee Dheeee ||	The Lord's Name is my business, the Lord's Name is my commerce; the True Guru has blessed me with its use.	ਹਰੀ ਦਾ ਨਾਮ ਸਾਡਾ ਵਣਜ, ਨਾਮ ਹੀ ਸਾਡਾ ਵਪਾਰ ਹੈ ਤੇ ਸਤਿਗੁਰੂ ਨੇ ਸਾਨੂੰ ਨਾਮ ਦੀ ਹੀ ਮੁਖ਼ਤਿਆਰੀ ਦਿੱਤੀ ਹੈ।
25973	593	ਹਰਿ ਨਾਮੈ ਕਾ ਹਮ ਲੇਖਾ ਲਿਖਿਆ ਸਭ ਜਮ ਕੀ ਅਗਲੀ ਕਾਣਿ ਗਈ॥		Har Naamai Kaa Ham Laekhaa Likhiaa Sabh Jam Kee Agalee Kaan Gee ||	I record the account of the Lord's Name, and I shall not be subject to death again.	ਹਰੀ ਦੇ ਨਾਮ ਦਾ ਹੀ ਅਸਾਂ ਲੇਖਾ ਲਿਖਿਆ ਹੈ, (ਜਿਸ ਲੇਖੇ ਕਰ ਕੇ) ਜਮ ਦੀ ਪਹਿਲੀ ਖ਼ੁਸ਼ਾਮਦ ਦੂਰ ਹੋ ਗਈ ਹੈ।

25974	593	ਹਰਿ ਕਾ ਨਾਮੁ ਗੁਰਮੁਖਿ ਕਿਨੈ ਵਿਰਲੈ ਧਿਆਇਆ ਜਿਨ ਕੰਉ ਧੁਰਿ ਕਰਮਿ ਪਰਾਪਤਿ ਲਿਖਤੁ ਪਈ॥੧੭॥		Har Kaa Naam Guramukh Kinai Viralai Dhhiaaeiaa Jin Kano Dhhur Karam Paraapath Likhath Pee ||17||	Only a few, as Gurmukh, meditate on the Lord's Name; they are blessed by the Lord, and receive their pre-ordained destiny. ||17||	ਪਰ ਕਿਸੇ ਵਿਰਲੇ ਗੁਰਮੁਖ ਨੇ ਨਾਮ ਸਿਮਰਿਆ ਹੈ (ਉਹੀ ਸਿਮਰਦੇ ਹਨ) ਜਿਨ੍ਹਾਂ ਨੂੰ ਧੁਰੋਂ ਬਖ਼ਸ਼ਸ਼ ਦੀ ਰਾਹੀਂ (ਪਿਛਲੇ ਕੀਤੇ ਕੰਮਾਂ ਦੇ ਸੰਸਕਾਰਾਂ ਅਨੁਸਾਰ ਉੱਕਰੇ ਹੋਏ) ਲੇਖ ਦੀ ਪਰਾਪਤੀ ਹੋਈ ਹੈ ॥੧੭॥
25975	593	ਸਲੋਕ ਮਃ ੩॥		Salok Ma 3 ||	Shalok, Third Mehl:	
25976	593	ਜਗਤੁ ਅਗਿਆਨੀ ਅੰਧੁ ਹੈ ਦੂਜੈ ਭਾਇ ਕਰਮ ਕਮਾਇ॥	ਜੱਗਤੁ	Jagath Agiaanee Andhh Hai Dhoojai Bhaae Karam Kamaae ||	The world is blind and ignorant; in the love of duality, it engages in actions.	ਸੰਸਾਰ ਅੰਨ੍ਹਾ ਤੇ ਅਗਿਆਨੀ ਹੈ, ਮਾਇਆ ਦੇ ਮੋਹ ਵਿਚ ਕੰਮ ਕਰ ਰਿਹਾ ਹੈ;
25977	593	ਦੂਜੈ ਭਾਇ ਜੇਤੇ ਕਰਮ ਕਰੇ ਦੁਖੁ ਲਗੈ ਤਨਿ ਧਾਇ॥		Dhoojai Bhaae Jaethae Karam Karae Dhukh Lagai Than Dhhaae ||	But those actions which are performed in the love of duality, cause only pain to the body.	(ਪਰ) ਮਾਇਆ ਦੇ ਮੋਹ ਵਿਚ ਜਿਤਨੇ ਭੀ ਕਰਮ ਕਰਦਾ ਹੈ (ਉਤਨਾ ਹੀ) ਸਰੀਰ ਨੂੰ ਦੁੱਖ ਧਾ ਕੇ ਲੱਗਦਾ ਹੈ (ਭਾਵ, ਖ਼ਾਸ ਤੌਰ ਤੇ ਦੁੱਖ ਲੱਗਦਾ ਹੈ)।
25978	593	ਗੁਰ ਪਰਸਾਦੀ ਸੁਖੁ ਊਪਜੈ ਜਾ ਗੁਰ ਕਾ ਸਬਦੁ ਕਮਾਇ॥		Gur Parasaadhee Sukh Oopajai Jaa Gur Kaa Sabadh Kamaae ||	By Guru's Grace, peace wells up, when one acts according to the Word of the Guru's Shabad.	ਸਤਿਗੁਰੂ ਦੀ ਮੇਹਰ ਨਾਲ ਜੀਵ ਸੁਖ ਉਪਜਦਾ ਹੈ, ਜੇ ਗੁਰੂ ਦਾ ਸ਼ਬਦ ਕਮਾਏ,

25979	593	ਸਚੀ ਬਾਣੀ ਕਰਮ ਕਰੇ ਅਨ ਦਿਨੁ ਨਾਮੁ ਧਿਆਇ॥		Sachee Baanee Karam Karae Anadhin Naam Dhhiaae ||	He acts according to the True Word of the Guru's Bani; night and day, he meditates on the Naam, the Name of the Lord.	ਤੇ ਸੱਚੀ ਬਾਣੀ ਦੀ ਰਾਹੀਂ ਹਰ ਵੇਲੇ ਨਾਮ ਸਿਮਰਨ ਦੇ ਕਰਮ ਕਰੇ,
25980	593	ਨਾਨਕ ਜਿਤੁ ਆਪੇ ਲਾਏ ਤਿਤੁ ਲਗੇ ਕਹਣਾ ਕਿਛੂ ਨ ਜਾਇ॥੧॥		Naanak Jith Aapae Laaeae Thith Lagae Kehanaa Kishhoo N Jaae ||1||	O Nanak, as the Lord Himself engages him, so is he engaged; no one has any say in this matter. ||1||	ਹੇ ਨਾਨਕ! ਕੋਈ ਗੱਲ ਆਖ ਨਹੀਂ ਸਕੀਦੀ, ਜਿੱਧਰ ਆਪ ਹਰੀ (ਜੀਵਾਂ ਨੂੰ) ਜੋੜਦਾ ਹੈ, ਉਧਰ ਹੀ ਜੁੜਦੇ ਹਨ ॥੧॥
25981	593	ਮਃ ੩॥		Ma 3 ||	Third Mehl:	
25982	593	ਹਮ ਘਰਿ ਨਾਮੁ ਖਜਾਨਾ ਸਦਾ ਹੈ ਭਗਤਿ ਭਰੇ ਭੰਡਾਰਾ॥		Ham Ghar Naam Khajaanaa Sadhaa Hai Bhagath Bharae Bhanddaaraa ||	Within the home of my own being, is the everlasting treasure of the Naam; it is a treasure house, overflowing with devotion.	ਸਾਡੇ (ਹਿਰਦੇ-ਰੂਪ) ਘਰ ਵਿਚ ਸਦਾ ਨਾਮ (ਰੂਪ) ਖ਼ਜ਼ਾਨਾ (ਮੌਜੂਦ) ਹੈ ਤੇ ਭਗਤੀ ਦੇ ਭੰਡਾਰ ਭਰੇ ਹੋਏ ਹਨ,
25983	593	ਸਤਗੁਰੁ ਦਾਤਾ ਜੀਅ ਕਾ ਸਦ ਜੀਵੈ ਦੇਵਣਹਾਰਾ॥		Sathagur Dhaathaa Jeea Kaa Sadh Jeevai Dhaevanehaaraa ||	The True Guru is the Giver of the life of the soul; the Great Giver lives forever.	(ਕਿਉਂਕਿ) ਆਤਮਕ ਜੀਵਨ ਦੇਣ ਵਾਲਾ ਸਤਿਗੁਰੂ ਸਦਾ ਅਸਾਡੇ ਸਿਰ ਤੇ ਕਾਇਮ ਹੈ।

25984	593	ਅਨ ਦਿਨੁ ਕੀਰਤਨੁ ਸਦਾ ਕਰਹਿ ਗੁਰ ਕੈ ਸਬਦਿ ਅਪਾਰਾ॥		Anadhin Keerathan Sadhaa Karehi Gur Kai Sabadh Apaaraa ||	Night and day, I continually sing the Kirtan of the Lord's Praise, through the Infinite Word of the Guru's Shabad.	(ਨਾਮ ਖ਼ਜ਼ਾਨੇ ਦੀ ਬਰਕਤਿ ਨਾਲ) ਅਸੀਂ ਸਤਿਗੁਰੂ ਦੇ ਅਪਾਰ ਸ਼ਬਦ ਦੀ ਰਾਹੀਂ ਸਦਾ ਹਰ ਵੇਲੇ ਹਰੀ ਦੇ ਗੁਣ ਗਾਉਂਦੇ ਹਾਂ,
25985	593	ਸਬਦੁ ਗੁਰੂ ਕਾ ਸਦ ਉਚਰਹਿ ਜੁਗੁ ਜੁਗੁ ਵਰਤਾਵਣਹਾਰਾ॥		Sabadh Guroo Kaa Sadh Oucharehi Jug Jug Varathaavanehaaraa ||	I recite continually the Guru's Shabads, which have been effective throughout the ages.	ਤੇ ਸਤਿਗੁਰੂ ਦਾ ਸ਼ਬਦ, ਜੋ ਹਰੇਕ ਜੁਗ ਵਿਚ (ਨਾਮ ਦੀ ਦਾਤਿ) ਵਰਤਾਉਣ ਵਾਲਾ ਹੈ, ਸਦਾ ਉਚਾਰਦੇ ਹਾਂ।
25986	593	ਇਹੁ ਮਨੂਆ ਸਦਾ ਸੁਖਿ ਵਸੈ ਸਹਜੇ ਕਰੇ ਵਾਪਾਰਾ॥		Eihu Manooaa Sadhaa Sukh Vasai Sehajae Karae Vaapaaraa ||	This mind ever abides in peace, dealing in peace and poise.	(ਸਤਿਗੁਰੂ ਦੇ ਸ਼ਬਦ ਨਾਲ) ਸਾਡਾ ਇਹ ਮਨ ਸਦਾ ਸੁਖੀ ਰਹਿੰਦਾ ਹੈ ਤੇ ਸੁਤੇ ਹੀ (ਭਾਵ, ਕਿਸੇ ਖ਼ਾਸ ਜਤਨ ਤੋਂ ਬਿਨਾ ਹੀ) ਨਾਮ ਦਾ ਵਾਪਾਰ ਕਰਦਾ ਹੈ,
25987	593	ਅੰਤਰਿ ਗੁਰ ਗਿਆਨੁ ਹਰਿ ਰਤਨੁ ਹੈ ਮੁਕਤਿ ਕਰਾਵਣਹਾਰਾ॥		Anthar Gur Giaan Har Rathan Hai Mukath Karaavanehaaraa ||	Deep within me is the Guru's Wisdom, the Lord's jewel, the Bringer of liberation.	ਅਤੇ ਮਨ ਦੇ ਅੰਦਰ ਸਤਿਗੁਰੂ ਦਾ (ਬਖ਼ਸ਼ਿਆ ਹੋਇਆ) ਗਿਆਨ ਤੇ ਮੁਕਤੀ ਕਰਾਉਣ ਵਾਲਾ ਹਰੀ-ਨਾਮ (ਰੂਪ) ਰਤਨ ਵੱਸਦਾ ਹੈ।

25988	593	ਨਾਨਕ ਜਿਸ ਨੋ ਨਦਰਿ ਕਰੇ ਸੋ ਪਾਏ ਸੋ ਹੋਵੈ ਦਰਿ ਸਚਿਆਰਾ॥੨॥		Naanak Jis No Nadhar Karae So Paaeae So Hovai Dhar Sachiaaraa ||2||	O Nanak, one who is blessed by the Lord's Glance of Grace obtains this, and is judged to be True in the Court of the Lord. ||2||	ਹੇ ਨਾਨਕ! ਜਿਸ ਤੇ ਕ੍ਰਿਪਾ ਦ੍ਰਿਸ਼ਟੀ ਕਰਦਾ ਹੈ, ਉਸ ਨੂੰ (ਇਹ ਦਾਤਿ) ਮਿਲਦੀ ਹੈ ਤੇ ਦਰਗਾਹ ਵਿਚ ਉਹ ਸੁਰਖ਼ਰੂ ਹੋ ਜਾਂਦਾ ਹੈ ॥੨॥
25989	593	ਪਉੜੀ॥		Pourree ||	Pauree:	
25990	593	ਧੰਨੁ ਧੰਨੁ ਸੋ ਗੁਰਸਿਖੁ ਕਹੀਐ ਜੋ ਸਤਿਗੁਰ ਚਰਣੀ ਜਾਇ ਪਇਆ॥		Dhhann Dhhann So Gurasikh Keheeai Jo Sathigur Charanee Jaae Paeiaa ||	Blessed, blessed is that Sikh of the Guru, who goes and falls at the Feet of the True Guru.	ਉਸ ਗੁਰਸਿੱਖ ਨੂੰ ਧੰਨ ਧੰਨ ਆਖਣਾ ਚਾਹੀਦਾ ਹੈ ਜੋ ਆਪਣੇ ਸਤਿਗੁਰੂ ਦੀ ਚਰਨੀਂ ਜਾ ਲੱਗਦਾ ਹੈ।
25991	593	ਧੰਨੁ ਧੰਨੁ ਸੋ ਗੁਰਸਿਖੁ ਕਹੀਐ ਜਿਨਿ ਹਰਿ ਨਾਮਾ ਮੁਖਿ ਰਾਮੁ ਕਹਿਆ॥		Dhhann Dhhann So Gurasikh Keheeai Jin Har Naamaa Mukh Raam Kehiaa ||	Blessed, blessed is that Sikh of the Guru, who with his mouth, utters the Name of the Lord.	ਉਸ ਗੁਰਸਿੱਖ ਨੂੰ ਧੰਨ ਧੰਨ ਆਖਣਾ ਚਾਹੀਦਾ ਹੈ, ਜਿਸ ਨੇ ਮੂੰਹੋਂ ਹਰੀ ਦਾ ਨਾਮ ਉਚਾਰਿਆ ਹੈ।

25992	593	ਧੰਨੁ ਧੰਨੁ ਸੋ ਗੁਰਸਿਖੁ ਕਹੀਐ ਜਿਸੁ ਹਰਿ ਨਾਮਿ ਸੁਣਿਐ ਮਨਿ ਅਨਦੁ ਭਇਆ॥		Dhhann Dhhann So Gurasikh Keheeai Jis Har Naam Suniai Man Anadh Bhaeiaa ||	Blessed, blessed is that Sikh of the Guru, whose mind, upon hearing the Lord's Name, becomes blissful.	ਉਸ ਗੁਰਸਿੱਖ ਨੂੰ ਧੰਨੁ ਧੰਨੁ ਆਖਣਾ ਚਾਹੀਦਾ ਹੈ, ਜਿਸ ਦੇ ਮਨ ਵਿਚ ਹਰੀ ਦਾ ਨਾਮ ਸੁਣ ਕੇ ਚਾਅ ਪੈਦਾ ਹੁੰਦਾ ਹੈ।
25993	593	ਧੰਨੁ ਧੰਨੁ ਸੋ ਗੁਰਸਿਖੁ ਕਹੀਐ ਜਿਨਿ ਸਤਿਗੁਰ ਸੇਵਾ ਕਰਿ ਹਰਿ ਨਾਮੁ ਲਇਆ॥		Dhhann Dhhann So Gurasikh Keheeai Jin Sathigur Saevaa Kar Har Naam Laeiaa ||	Blessed, blessed is that Sikh of the Guru, who serves the True Guru, and so obtains the Lord's Name.	ਉਸ ਗੁਰਸਿੱਖ ਨੂੰ ਧੰਨ ਧੰਨ ਆਖਣਾ ਚਾਹੀਦਾ ਹੈ ਜਿਸ ਨੇ ਸਤਿਗੁਰੂ ਦੀ ਸੇਵਾ ਕਰ ਕੇ ਪਰਮਾਤਮਾ ਦਾ ਨਾਮ ਲੱਭਾ ਹੈ।
25994	593	ਤਿਸੁ ਗੁਰਸਿਖ ਕੰਉ ਹੰਉ ਸਦਾ ਨਮਸਕਾਰੀ ਜੋ ਗੁਰ ਕੈ ਭਾਣੈ ਗੁਰਸਿਖੁ ਚਲਿਆ॥੧੮॥		This Gurasikh Kano Hano Sadhaa Namasakaaree Jo Gur Kai Bhaanai Gurasikh Chaliaa ||18||	I bow forever in deepest respect to that Sikh of the Guru, who walks in the Way of the Guru. ||18||	ਮੈਂ ਸਦਾ ਉਸ ਗੁਰਸਿੱਖ ਅਗੇ ਆਪਣਾ ਸਿਰ ਨਿਵਾਉਂਦਾ ਹਾਂ, ਜੋ ਗੁਰਸਿੱਖ ਸਤਿਗੁਰੂ ਦੇ ਭਾਣੇ ਵਿਚ ਚੱਲਦਾ ਹੈ ॥੧੮॥
25995	593	ਸਲੋਕੁ ਮਃ ੩॥		Salok Ma 3 ||	Shalok, Third Mehl:	

25996	593	ਮਨ ਹਠਿ ਕਿਨੈ ਨ ਪਾਇਓ ਸਭ ਥਕੇ ਕਰਮ ਕਮਾਇ॥		Manehath Kinai N Paaeiou Sabh Thhakae Karam Kamaae ||	No one has ever found the Lord through stubborn-mindedness. All have grown weary of performing such actions.	ਕਿਸੇ ਮਨੁੱਖ ਨੇ ਮਨ ਦੇ ਹਠ ਨਾਲ ਰੱਬ ਨੂੰ ਨਹੀਂ ਲੱਭਾ, ਸਾਰੇ ਜੀਵ (ਭਾਵ, ਕਈ ਮਨੁੱਖ) (ਹਠ ਨਾਲ) ਕਰਮ ਕਰ ਕੇ (ਉੜਕ) ਥੱਕ ਗਏ ਹਨ।
25997	593	ਮਨ ਹਠਿ ਭੇਖ ਕਰਿ ਭਰਮਦੇ ਦੁਖੁ ਪਾਇਆ ਦੂਜੈ ਭਾਇ॥		Manehath Bhaekh Kar Bharamadhae Dhukh Paaeiaa Dhoojai Bhaae ||	Through their stubborn-mindedness, and by wearing their disguises, they are deluded; they suffer in pain from the love of duality.	ਮਨ ਦੇ ਹਠ ਨਾਲ (ਕਈ ਤਰ੍ਹਾਂ ਦੇ) ਭੇਖ ਕਰ ਕਰ ਕੇ ਭਟਕਦੇ ਹਨ ਤੇ ਮਾਇਆ ਦੇ ਮੋਹ ਵਿਚ ਦੁੱਖ ਉਠਾਉਂਦੇ ਹਨ।
25998	593	ਰਿਧਿ ਸਿਧਿ ਸਭੁ ਮੋਹੁ ਹੈ ਨਾਮੁ ਨ ਵਸੈ ਮਨਿ ਆਇ॥		Ridhh Sidhh Sabh Mohu Hai Naam N Vasai Man Aae ||	Riches and the supernatural spiritual powers of the Siddhas are all emotional attachments; through them, the Naam, the Name of the Lord, does not come to dwell in the mind.	ਰਿੱਧੀਆਂ ਤੇ ਸਿੱਧੀਆਂ (ਭੀ) ਨਿਰੋਲ ਮੋਹ (ਰੂਪ) ਹਨ, (ਇਹਨਾਂ ਨਾਲ) ਹਰੀ ਦਾ ਨਾਮ ਹਿਰਦੇ ਵਿਚ ਨਹੀਂ ਵੱਸ ਸਕਦਾ।

25999	593	ਗੁਰ ਸੇਵਾ ਤੇ ਮਨੁ ਨਿਰਮਲੁ ਹੋਵੈ ਅਗਿਆਨੁ ਅੰਧੇਰਾ ਜਾਇ॥		Gur Saevaa Thae Man Niramal Hovai Agiaan Andhhaeraa Jaae ||	Serving the Guru, the mind becomes immaculately pure, and the darkness of spiritual ignorance is dispelled.	ਸਤਿਗੁਰੂ ਦੀ ਸੇਵਾ ਨਾਲ ਮਨ ਸਾਫ਼ ਹੁੰਦਾ ਹੈ ਤੇ ਅਗਿਆਨ (ਰੂਪ) ਹਨੇਰਾ ਦੂਰ ਹੁੰਦਾ ਹੈ।
26000	593	ਨਾਮੁ ਰਤਨੁ ਘਰਿ ਪਰਗਟੁ ਹੋਆ ਨਾਨਕ ਸਹਜਿ ਸਮਾਇ॥੧॥		Naam Rathan Ghar Paragatt Hoaa Naanak Sehaj Samaae ||1||	The jewel of the Naam is revealed in the home of one's own being; O Nanak, one merges in celestial bliss. ||1||	ਹੇ ਨਾਨਕ! ਨਾਮ (ਰੂਪ) ਰਤਨ ਹਿਰਦੇ ਵਿਚ ਪਰਤੱਖ ਹੋ ਜਾਂਦਾ ਹੈ ਤੇ ਸਹਿਜ ਅਵਸਥਾ ਵਿਚ ਮਨੁੱਖ ਲੀਨ ਹੋ ਜਾਂਦਾ ਹੈ ॥੧॥
26001	593	ਮਃ ੩॥		Ma 3 ||	Third Mehl:	
26002	594	ਸਬਦੈ ਸਾਦੁ ਨ ਆਇਓ ਨਾਮਿ ਨ ਲਗੋ ਪਿਆਰੁ॥		Sabadhai Saadh N Aaeiou Naam N Lago Piaar ||	One who does not savor the taste of the Shabad, who does not love the Naam, the Name of the Lord,	ਜਿਸ ਮਨੁੱਖ ਨੂੰ ਸਤਿਗੁਰੂ ਦੇ ਸ਼ਬਦ ਵਿਚ ਰਸ ਨਹੀਂ ਆਉਂਦਾ, ਨਾਮ ਵਿਚ ਜਿਸ ਦਾ ਪਿਆਰ ਨਹੀਂ ਜੁੜਿਆ,
26003	594	ਰਸਨਾ ਫਿਕਾ ਬੋਲਣਾ ਨਿਤ ਨਿਤ ਹੋਇ ਖੁਆਰੁ॥	ਫਿੱਕਾ	Rasanaa Fikaa Bolanaa Nith Nith Hoe Khuaar ||	And who speaks insipid words with his tongue, is ruined, again and again.	ਉਹ ਮਨੁੱਖ ਜੀਭ ਨਾਲ ਫਿੱਕੇ ਬਚਨ ਹੀ ਬੋਲਦਾ ਹੈ ਤੇ ਸਦਾ ਖ਼ੁਆਰ ਹੁੰਦਾ ਹੈ।
26004	594	ਨਾਨਕ ਕਿਰਤਿ ਪਇਐ ਕਮਾਵਣਾ ਕੋਇ ਨ ਮੇਟਣਹਾਰੁ॥੨॥		Naanak Kirath Paeiai Kamaavanaa Koe N Maettanehaar ||2||	O Nanak, he acts according to the karma of his past actions, which no one can erase. ||2||	ਹੇ ਨਾਨਕ! ਉਸ ਨੂੰ (ਪਿਛਲੇ ਕੀਤੇ ਕੰਮਾਂ ਦੇ) ਉੱਕਰੇ ਹੋਏ ਸੰਸਕਾਰਾਂ ਅਨੁਸਾਰ ਕਾਰ ਕਰਨੀ ਪੈਂਦੀ ਹੈ; ਕੋਈ ਵੀ (ਸੰਸਕਾਰਾਂ ਨੂੰ) ਮਿਟਾ ਨਹੀਂ ਸਕਦਾ ॥੨॥

26005	594	ਪਉੜੀ॥		Pourree ||	Pauree:	
26006	594	ਧਨੁ ਧਨੁ ਸਤ ਪੁਰਖੁ ਸਤਿਗੁਰੂ ਹਮਾਰਾ ਜਿਤੁ ਮਿਲਿਐ ਹਮ ਕਉ ਸਾਂਤਿ ਆਈ॥		Dhhan Dhhan Sath Purakh Sathiguroo Hamaaraa Jith Miliai Ham Ko Saanth Aaee ||	Blessed, blessed is the True Being, my True Guru; meeting Him, I have found peace.	ਸਾਡਾ ਸਤਪੁਰਖੁ ਸਤਿਗੁਰੂ ਧੰਨ ਹੈ, ਜਿਸ ਦੇ ਮਿਲਿਆਂ ਸਾਡੇ ਹਿਰਦੇ ਵਿਚ ਠੰਡ ਪਈ ਹੈ।
26007	594	ਧਨੁ ਧਨੁ ਸਤ ਪੁਰਖੁ ਸਤਿਗੁਰੂ ਹਮਾਰਾ ਜਿਤੁ ਮਿਲਿਐ ਹਮ ਹਰਿ ਭਗਤਿ ਪਾਈ॥		Dhhan Dhhan Sath Purakh Sathiguroo Hamaaraa Jith Miliai Ham Har Bhagath Paaee ||	Blessed, blessed is the True Being, my True Guru; meeting Him, I have attained the Lord's devotional worship.	ਸਾਡਾ ਸਤਪੁਰਖੁ ਸਤਿਗੁਰੂ ਧੰਨ ਹੈ, ਜਿਸਦੇ ਮਿਲਿਆਂ ਅਸਾਂ ਪਰਮਾਤਮਾ ਦੀ ਭਗਤੀ ਲੱਭੀ ਹੈ।
26008	594	ਧਨੁ ਧਨੁ ਹਰਿ ਭਗਤੁ ਸਤਿਗੁਰੂ ਹਮਾਰਾ ਜਿਸ ਕੀ ਸੇਵਾ ਤੇ ਹਮ ਹਰਿ ਨਾਮਿ ਲਿਵ ਲਾਈ॥		Dhhan Dhhan Har Bhagath Sathiguroo Hamaaraa Jis Kee Saevaa Thae Ham Har Naam Liv Laaee ||	Blessed, blessed is the Lord's devotee, my True Guru; serving Him, I have come to enshrine love for the Name of the Lord.	ਹਰੀ ਦਾ ਭਗਤ ਸਾਡਾ ਸਤਿਗੁਰੂ ਧੰਨ ਹੈ, ਜਿਸ ਦੀ ਸੇਵਾ ਕਰ ਕੇ ਅਸਾਂ ਹਰੀ ਦੇ ਨਾਮ ਵਿਚ ਬਿਰਤੀ ਜੋੜੀ ਹੈ।

26009	594	ਧਨੁ ਧਨੁ ਹਰਿ ਗਿਆਨੀ ਸਤਿਗੁਰੂ ਹਮਾਰਾ ਜਿਨਿ ਵੈਰੀ ਮਿਤ੍ਰੁ ਹਮ ਕਉ ਸਭ ਸਮ ਦ੍ਰਿਸਟਿ ਦਿਖਾਈ॥		Dhhan Dhhan Har Giaanee Sathiguroo Hamaaraa Jin Vairee Mithra Ham Ko Sabh Sam Dhrisatt Dhikhaaee ||	Blessed, blessed is the Knower of the Lord, my True Guru; He has taught me to look upon friend and foe alike.	ਹਰੀ ਦੇ ਗਿਆਨ ਵਾਲਾ ਸਾਡਾ ਸਤਿਗੁਰੂ ਧੰਨ ਹੈ ਜਿਸ ਨੇ ਵੈਰੀ ਕੀਹ ਤੇ ਸਜਨ ਕੀਹ-ਸਭ ਵਾਲ ਸਾਨੂੰ ਏਕਤਾ ਦੀ ਨਜ਼ਰ (ਨਾਲ ਵੇਖਣ ਦੀ ਜਾਚ) ਸਿਖਾਈ ਹੈ।
26010	594	ਧਨੁ ਧਨੁ ਸਤਿਗੁਰੂ ਮਿਤ੍ਰੁ ਹਮਾਰਾ ਜਿਨਿ ਹਰਿ ਨਾਮ ਸਿਉ ਹਮਾਰੀ ਪ੍ਰੀਤਿ ਬਣਾਈ॥੧੯॥		Dhhan Dhhan Sathiguroo Mithra Hamaaraa Jin Har Naam Sio Hamaaree Preeth Banaaee ||19||	Blessed, blessed is the True Guru, my best friend; He has led me to embrace love for the Name of the Lord. ||19||	ਸਾਡਾ ਸੱਜਣ ਸਤਿਗੁਰੂ ਧੰਨ ਹੈ, ਜਿਸ ਨੇ ਹਰੀ ਦੇ ਨਾਮ ਨਾਲ ਸਾਡਾ ਪਿਆਰ ਬਣਾ ਦਿੱਤਾ ਹੈ ॥੧੯॥
26011	594	ਸਲੋਕੁ ਮਃ ੧॥		Salok Ma 1 ||	Shalok, First Mehl:	
26012	594	ਘਰ ਹੀ ਮੁੰਧਿ ਵਿਦੇਸਿ ਪਿਰੁ ਨਿਤ ਝੂਰੇ ਸੰਮ੍ਹਾਲੇ॥		Ghar Hee Mundhh Vidhaes Pir Nith Jhoorae Sanmhaalae ||	The soul-bride is at home, while the Husband Lord is away; she cherishes His memory, and mourns His absence.	ਪ੍ਰਭੂ-ਪਤੀ ਤਾਂ ਘਰ (ਭਾਵ, ਹਿਰਦੇ) ਵਿਚ ਹੀ ਹੈ, ਪਰ, (ਜੀਵ-ਇਸਤ੍ਰੀ) ਉਸ ਨੂੰ ਪਰਦੇਸ ਵਿਚ (ਸਮਝਦੀ ਹੋਈ) ਸਦਾ ਝੂਰਦੀ ਤੇ ਯਾਦ ਕਰਦੀ ਹੈ,

26013	594	ਮਿਲਦਿਆ ਢਿਲ ਨ ਹੋਵਈ ਜੇ ਨੀਅਤਿ ਰਾਸਿ ਕਰੇ॥੧॥		Miladhiaa Dtil N Hovee Jae Neeath Raas Karae ||1||	She shall meet Him without delay, if she rids herself of duality. ||1||	ਜੇ ਨੀਯਤ ਸਾਫ਼ ਕਰੇ ਤਾਂ (ਪ੍ਰਭੂ ਨੂੰ) ਮਿਲਦਿਆਂ ਢਿੱਲ ਨਹੀਂ ਲੱਗਦੀ ॥੧॥
26014	594	ਮਃ ੧॥		Ma 1 ||	First Mehl:	
26015	594	ਨਾਨਕ ਗਾਲੀ ਕੂੜੀਆ ਬਾਝੁ ਪਰੀਤਿ ਕਰੇਇ॥	ਗੱਲੀ	Naanak Gaalee Koorreeaa Baajh Pareeth Karaee ||	O Nanak, false is the speech of one who acts without loving the Lord.	ਹੇ ਨਾਨਕ! ਉਹ ਗਲ-ਬਾਤ ਸਭ ਝੂਠੀ ਹੈ ਜੋ (ਹਰੀ ਨਾਲ) ਪਿਆਰ ਕਰਨ ਤੋਂ ਦੂਰ ਕਰਦੀ ਹੈ।
26016	594	ਤਿਚਰੁ ਜਾਣੈ ਭਲਾ ਕਰਿ ਜਿਚਰੁ ਲੇਵੈ ਦੇਇ॥੨॥		Thichar Jaanai Bhalaa Kar Jichar Laevai Dhaee ||2||	He judges things to be good, only as long as the Lord gives and he receives. ||2||	ਜਦ ਤਾਈਂ (ਹਰੀ) ਦੇਂਦਾ ਹੈ ਤੇ (ਜੀਵ) ਲੈਂਦਾ ਹੈ (ਭਾਵ, ਜਦ ਤਕ ਜੀਵ ਨੂੰ ਕੁਝ ਮਿਲਦਾ ਰਹਿੰਦਾ ਹੈ) ਤਦ ਤਾਈਂ (ਹਰੀ ਨੂੰ ਜੀਵ) ਚੰਗਾ ਸਮਝਦਾ ਹੈ ॥੨॥
26017	594	ਪਉੜੀ॥		Pourree ||	Pauree:	
26018	594	ਜਿਨਿ ਉਪਾਏ ਜੀਅ ਤਿਨਿ ਹਰਿ ਰਾਖਿਆ॥		Jin Oupaaeae Jeea Thin Har Raakhiaa ||	The Lord, who created the creatures, also protects them.	ਜਿਸ ਹਰੀ ਨੇ ਜੀਵ ਪੈਦਾ ਕੀਤੇ ਹਨ, ਉਸੇ ਨੇ ਉਹਨਾਂ ਦੀ ਰੱਖਿਆ ਕੀਤੀ ਹੈ।
26019	594	ਅੰਮ੍ਰਿਤੁ ਸਚਾ ਨਾਉ ਭੋਜਨੁ ਚਾਖਿਆ॥		Anmrith Sachaa Naao Bhojan Chaakhiaa ||	I have tasted the food of Ambrosial Nectar, the True Name.	ਜੋ ਜੀਵ ਉਸ ਹਰੀ ਦਾ ਆਤਮਕ ਜੀਵਨ ਦੇਣ ਵਾਲਾ ਸੱਚਾ ਨਾਮ (ਰੂਪ) ਭੋਜਨ ਛਕਦੇ ਹਨ,

26020	594	ਤਿਪਤਿ ਰਹੇ ਆਘਾਇ ਮਿਟੀ ਭਭਾਖਿਆ॥	(ਭਭਾਖਿਆ) ਭੁੱਖ, ਖਾਣ ਦੀ ਇੱਛਾ। ਮਿਟੀ ਪੋਲਾ	Thipath Rehae Aaghaae Mittee Bhabhaakhiaa ||	I am satisfied and satiated, and my hunger is appeased.	ਤੇ (ਇਸ ਨਾਮ-ਰੂਪ ਭੋਜਨ ਨਾਲ) ਉਹ ਬੜੇ ਰੱਜ ਜਾਂਦੇ ਹਨ ਉਹਨਾਂ ਦੀ ਹੋਰ ਖਾਣ ਦੀ ਇੱਛਾ ਮਿਟ ਜਾਂਦੀ ਹੈ।
26021	594	ਸਭ ਅੰਦਰਿ ਇਕੁ ਵਰਤੈ ਕਿਨੈ ਵਿਰਲੈ ਲਾਖਿਆ॥		Sabh Andhar Eik Varathai Kinai Viralai Laakhiaa ||	The One Lord is pervading in all, but rare are those who realize this.	ਸਾਰੇ ਜੀਵਾਂ ਵਿਚ ਇਕ ਪ੍ਰਭੂ ਆਪ ਵਿਆਪਕ ਹੈ, ਪਰ ਕਿਸੇ ਵਿਹਲੇ ਨੇ ਇਹ ਸਮਝਿਆ ਹੈ;
26022	594	ਜਨ ਨਾਨਕ ਭਏ ਨਿਹਾਲੁ ਪ੍ਰਭ ਕੀ ਪਾਖਿਆ॥੨੦॥	(ਪਾਖਿਆ) ਸ਼ਰਨ	Jan Naanak Bheae Nihaal Prabh Kee Paakhiaa ||20||	Servant Nanak is enraptured, in the Protection of God. ||20||	ਤੇ ਹੇ ਨਾਨਕ! (ਉਹ ਵਿਰਲਾ) ਦਾਸ ਪ੍ਰਭੂ ਦੇ ਪੱਖ ਕਰ ਕੇ ਖਿੜਿਆ ਰਹਿੰਦਾ ਹੈ ॥੨੦॥
26023	594	ਸਲੋਕੁ ਮਃ ੩॥		Salok Ma 3 ||	Shalok, Third Mehl:	
26024	594	ਸਤਿਗੁਰ ਨੋ ਸਭੁ ਕੋ ਵੇਖਦਾ ਜੇਤਾ ਜਗਤੁ ਸੰਸਾਰੁ॥	ਜੱਗਤੁ	Sathigur No Sabh Ko Vaekhadhaa Jaethaa Jagath Sansaar ||	All the living beings of the world behold the True Guru.	ਜਿਤਨਾ ਇਹ ਸਾਰਾ ਸੰਸਾਰ ਹੈ (ਇਸ ਵਿਚ) ਹਰੇਕ ਜੀਵ ਸਤਿਗੁਰੂ ਦੇ ਦਰਸਨ ਕਰਦਾ ਹੈ,
26025	594	ਡਿਠੈ ਮੁਕਤਿ ਨ ਹੋਵਈ ਜਿਚਰੁ ਸਬਦਿ ਨ ਕਰੇ ਵੀਚਾਰੁ॥		Ddithai Mukath N Hovee Jichar Sabadh N Karae Veechaar ||	One is not liberated by merely seeing Him, unless one contemplates the Word of His Shabad.	(ਪਰ) ਨਿਰਾ ਦਰਸ਼ਨ ਕੀਤਿਆਂ ਮੁਕਤੀ ਨਹੀਂ ਮਿਲਦੀ, ਜਦ ਤਾਈਂ ਜੀਵ ਸਤਿਗੁਰੂ ਦੇ ਸ਼ਬਦ ਵਿਚ ਵਿਚਾਰ ਨਹੀਂ ਕਰਦਾ,

26026	594	ਹਉਮੈ ਮੈਲੁ ਨ ਚੁਕਈ ਨਾਮਿ ਨ ਲਗੈ ਪਿਆਰੁ॥		Houmai Mail N Chukee Naam N Lagai Piaar ||	The filth of ego is not removed, and he does not enshrine love for the Naam.	(ਕਿਉਂਕਿ ਵਿਚਾਰ ਕਰਨ ਤੋਂ ਬਿਨਾ) ਅਹੰਕਾਰ (-ਰੂਪ ਮਨ ਦੀ) ਮੈਲ ਨਹੀਂ ਉਤਰਦੀ ਤੇ ਨਾਮ ਵਿਚ ਪਿਆਰ ਨਹੀਂ ਬਣਦਾ।
26027	594	ਇਕਿ ਆਪੇ ਬਖਸਿ ਮਿਲਾਇਅਨੁ ਦੁਬਿਧਾ ਤਜਿ ਵਿਕਾਰ॥		Eik Aapae Bakhas Milaaeian Dhubidhhaa Thaj Vikaar ||	The Lord forgives some, and unites them with Himself; they forsake their duality and sinful ways.	ਕਈ ਮਨੁੱਖਾਂ ਨੂੰ ਪ੍ਰਭੂ ਨੇ ਆਪ ਹੀ ਮੇਹਰ ਕਰ ਕੇ ਮਿਲਾ ਲਿਆ ਹੈ ਜਿਨ੍ਹਾਂ ਨੇ ਮੇਰ-ਤੇਰ ਤੇ ਵਿਕਾਰ ਛੱਡੇ ਹਨ।
26028	594	ਨਾਨਕ ਇਕਿ ਦਰਸਨੁ ਦੇਖਿ ਮਰਿ ਮਿਲੇ ਸਤਿਗੁਰ ਹੇਤਿ ਪਿਆਰਿ॥੧॥		Naanak Eik Dharasan Dhaekh Mar Milae Sathigur Haeth Piaar ||1||	O Nanak, some behold the Blessed Vision of the True Guru's Darshan, with love and affection; conquering their ego, they meet with the Lord. ||1||	ਹੇ ਨਾਨਕ! ਕਈ ਮਨੁੱਖ (ਸਤਿਗੁਰੂ ਦਾ) ਦਰਸ਼ਨ ਕਰ ਕੇ ਸਤਿਗੁਰੂ ਦੇ ਪਿਆਰ ਵਿਚ ਬਿਰਤੀ ਜੋੜ ਕੇ ਮਰ ਕੇ (ਭਾਵ, ਆਪਾ ਗਵਾ ਕੇ) ਹਰੀ ਵਿਚ ਮਿਲ ਗਏ ਹਨ ॥੧॥
26029	594	ਮਃ ੩॥		Ma 3 ||	Third Mehl:	
26030	594	ਸਤਿਗੁਰੂ ਨ ਸੇਵਿਓ ਮੂਰਖ ਅੰਧ ਗਵਾਰਿ॥		Sathiguroo N Saeviou Moorakh Andhh Gavaar ||	The foolish, blind clown does not serve the True Guru.	ਅੰਨ੍ਹੇ ਮੂਰਖ ਗਵਾਰ ਨੇ ਆਪਣੇ ਸਤਿਗੁਰੂ ਦੀ ਸੇਵਾ ਨਹੀਂ ਕੀਤੀ,

26031	594	ਦੂਜੈ ਭਾਇ ਬਹੁਤੁ ਦੁਖੁ ਲਾਗਾ ਜਲਤਾ ਕਰੇ ਪੁਕਾਰ॥		Dhoojai Bhaae Bahuth Dhukh Laagaa Jalathaa Karae Pukaar ||	In love with duality, he endures terrible suffering, and burning, he cries out in pain.	ਮਾਇਆ ਦੇ ਪਿਆਰ ਵਿਚ ਜਦੋਂ ਬਹੁਤ ਦੁਖੀ ਹੋਇਆ ਤਦੋਂ ਸੜਦਾ ਹੋਇਆ ਹਾੜੇ ਘੱਤਦਾ ਹੈ;
26032	594	ਜਿਨ ਕਾਰਣਿ ਗੁਰੂ ਵਿਸਾਰਿਆ ਸੇ ਨ ਉਪਕਰੇ ਅੰਤੀ ਵਾਰ॥	(ਉ-ਪੱਕਰੇ) ਸਹਾਇਤਾ ਕਰਨੀ	Jin Kaaran Guroo Visaariaa Sae N Oupakarae Anthee Vaar ||	He forgets the Guru, for the sake of mere objects, but they will not come to his rescue in the end.	ਤੇ ਜਿਨ੍ਹਾਂ ਦੇ ਵਾਸਤੇ ਸਤਿਗੁਰੂ ਨੂੰ ਵਿਸਾਰਿਆ ਹੈ ਉਹ ਆਖ਼ਰੀ ਵੇਲੇ ਨਹੀਂ ਪੁੱਕਰਦੇ।
26033	594	ਨਾਨਕ ਗੁਰਮਤੀ ਸੁਖੁ ਪਾਇਆ ਬਖਸੇ ਬਖਸਣਹਾਰ॥੨॥		Naanak Guramathee Sukh Paaeiaa Bakhasae Bakhasanehaar ||2||	Through the Guru's Instructions, Nanak has found peace; the Forgiving Lord has forgiven him. ||2||	ਹੇ ਨਾਨਕ! ਗੁਰੂ ਦੀ ਮੱਤ ਲਿਆਂ ਹੀ ਸੁਖ ਮਿਲਦਾ ਹੈ ਤੇ ਬਖ਼ਸ਼ਣ ਵਾਲਾ ਹਰੀ ਬਖ਼ਸ਼ਦਾ ਹੈ ॥੨॥
26034	594	ਪਉੜੀ॥		Pourree ||	Pauree:	
26035	594	ਤੂ ਆਪੇ ਆਪਿ ਆਪਿ ਸਭੁ ਕਰਤਾ ਕੋਈ ਦੂਜਾ ਹੋਇ ਸੁ ਅਵਰੋ ਕਹੀਐ॥		Thoo Aapae Aap Aap Sabh Karathaa Koee Dhoojaa Hoe S Avaro Keheeai ||	You Yourself, all by Yourself, are the Creator of all. If there were any other, then I would speak of another.	ਹੇ ਹਰੀ! ਤੂੰ ਆਪ ਹੀ ਆਪ ਹੈਂ ਤੇ ਆਪ ਹੀ ਸਭ ਕੁਝ ਪੈਦਾ ਕਰਦਾ ਹੈਂ, ਕਿਸੇ ਹੋਰ ਦੂਜੇ ਨੂੰ ਪੈਦਾ ਕਰਨ ਵਾਲਾ ਤਾਂ ਹੀ ਆਖੀਏ, ਜੇ ਕੋਈ ਹੋਰ ਹੋਵੇ ਹੀ।

26036	594	ਹਰਿ ਆਪੇ ਬੋਲੈ ਆਪਿ ਬੁਲਾਵੈ ਹਰਿ ਆਪੇ ਜਲਿ ਥਲਿ ਰਵਿ ਰਹੀਐ॥		Har Aapae Bolai Aap Bulaavai Har Aapae Jal Thhal Rav Reheeai ||	The Lord Himself speaks, and causes us to speak; He Himself is pervading the water and the land.	ਹਰੀ ਆਪ ਹੀ (ਸਭ ਜੀਵਾਂ ਵਿਚ) ਬੋਲਦਾ ਹੈ, ਆਪ ਹੀ ਸਭ ਨੂੰ ਬੁਲਾਉਂਦਾ ਹੈ ਅਤੇ ਆਪ ਹੀ ਜਲ ਵਿਚ ਥਲ ਵਿਚ ਵਿਆਪ ਰਿਹਾ ਹੈ।
26037	594	ਹਰਿ ਆਪੇ ਮਾਰੈ ਹਰਿ ਆਪੇ ਛੋਡੈ ਮਨ ਹਰਿ ਸਰਣੀ ਪੜਿ ਰਹੀਐ॥	ਪੜਿ:ਪੋਲਾ ਬੋਲੋ, ਹਲੰਤ ਨ ਲਾਉ	Har Aapae Maarai Har Aapae Shhoddai Man Har Saranee Parr Reheeai ||	The Lord Himself destroys, and the Lord Himself saves. O mind, seek and remain in the Lord's Sanctuary.	ਹੇ ਮਨ! ਹਰੀ ਆਪ ਹੀ ਮਾਰਦਾ ਹੈ ਤੇ ਆਪ ਹੀ ਬਖ਼ਸ਼ਦਾ ਹੈ, (ਇਸ ਵਾਸਤੇ) ਹਰੀ ਦੀ ਸ਼ਰਨ ਵਿਚ ਪਿਆ ਰਹੁ।
26038	594	ਹਰਿ ਬਿਨੁ ਕੋਈ ਮਾਰਿ ਜੀਵਾਲਿ ਨ ਸਕੈ ਮਨ ਹੋਇ ਨਿਚਿੰਦ ਨਿਸਲੁ ਹੋਇ ਰਹੀਐ॥		Har Bin Koee Maar Jeevaal N Sakai Man Hoe Nichindh Nisal Hoe Reheeai ||	Other than the Lord, no one can kill or rejuvenate. O mind, do not be anxious - remain fearless.	ਹਰੀ ਤੋਂ ਬਿਨਾ ਕੋਈ ਹੋਰ ਨਾ ਮਾਰ ਸਕਦਾ ਹੈ ਨਾ ਜਿਵਾ ਸਕਦਾ ਹੈ, (ਇਸ ਵਾਸਤੇ) ਹੇ ਮਨ! ਬਿਲਕੁਲ ਬੇਫਿਕਰ ਹੋ ਰਹੁ (ਭਾਵ, ਹੋਰ ਕਿਸੇ ਦੀ ਆਸ ਨਾ ਰੱਖ)।

26039	594	ਉਠਦਿਆ ਬਹਦਿਆ ਸੁਤਿਆ ਸਦਾ ਸਦਾ ਹਰਿ ਨਾਮੁ ਧਿਆਈਐ ਜਨ ਨਾਨਕ ਗੁਰਮੁਖਿ ਹਰਿ ਲਹੀਐ॥੨੧॥੧॥ ਸੁਧੁ		Outhadhiaa Behadhiaa Suthiaa Sadhaa Sadhaa Har Naam Dhiaaeeai Jan Naanak Guramukh Har Leheeai ||21||1|| Sudhhu	While standing, sitting, and sleeping, forever and ever, meditate on the Lord's Name; O servant Nanak, as Gurmukh, you shall attain the Lord. ||21||1||Sudh||	ਹੇ ਦਾਸ ਨਾਨਕ! ਜੇ ਉਠਦਿਆਂ ਬਹਿੰਦਿਆਂ ਤੇ ਸੁੱਤਿਆਂ ਹਰ ਵੇਲੇ ਹਰੀ ਦਾ ਨਾਮ ਸਿਮਰੀਏ ਤਾਂ ਸਤਿਗੁਰੂ ਦੇ ਸਨਮੁਖ ਹੋ ਕੇ ਹਰਿ ਮਿਲ ਪੈਂਦਾ ਹੈ ॥੨੧॥੧॥ਸੁਧ।
26040	595	੧ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
26041	595	ਸੋਰਠਿ ਮਹਲਾ ੧ ਘਰੁ ੧ ਚਉਪਦੇ॥		Sorath Mehalaa 1 Ghar 1 Choupadhae ||	Sorat'h First Mehl First House, Chau-Padas:	ਰਾਗ ਸੁਰਠਿ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।

26042	595	ਸਭਨਾ ਮਰਣਾ ਆਇਆ ਵੇਛੋੜਾ ਸਭਨਾਹ॥		Sabhanaa Maranaa Aaeiaa Vaeshhorraa Sabhanaah ||	Death comes to all, and all must suffer separation.	ਸਭ ਨੇ ਮਰ ਜਾਣਾ ਹੈ ਤੇ ਸਭ ਨੂੰ ਇਹ ਵਿਛੋੜਾ ਹੋਣਾ ਹੈ।
26043	595	ਪੁਛਹੁ ਜਾਇ ਸਿਆਣਿਆ ਆਗੈ ਮਿਲਣੁ ਕਿਨਾਹ॥	ਆਗੈਜਾ ਕੇ (ਕਿਨਾਹ) ਕਿੰਨ੍ਹਾਂ ਦਾ ਮਿਲਣੁ ਹੋਵੇਗਾ (੨. ਕਿ ਨਾਹ)	Pushhahu Jaae Siaaniaa Aagai Milan Kinaah ||	Go and ask the clever people, whether they shall meet in the world hereafter.	ਜਾ ਕੇ ਸਿਆਣੇ ਜੀਵਾਂ (ਗੁਰਮੁਖਾਂ) ਪਾਸੋਂ ਪਤਾ ਲਵੋ ਕਿ ਅਗੇ ਜਾ ਕੇ ਪਰਮਾਤਮਾ ਦੇ ਚਰਨਾਂ ਦਾ ਮਿਲਾਪ ਕਿਨ੍ਹਾਂ ਨੂੰ ਹੁੰਦਾ ਹੈ।
26044	595	ਜਿਨ ਮੇਰਾ ਸਾਹਿਬੁ ਵੀਸਰੈ ਵਡੜੀ ਵੇਦਨ ਤਿਨਾਹ॥੧॥	(ਵੇਦਨ) ਪੀੜ	Jin Maeraa Saahib Veesarai Vaddarree Vaedhan Thinaah ||1||	Those who forget my Lord and Master shall suffer in terrible pain. ||1||	ਜਿਨ੍ਹਾਂ ਨੂੰ ਪਿਆਰਾ ਮਾਲਕ-ਪ੍ਰਭੂ ਭੁੱਲ ਜਾਂਦਾ ਹੈ ਉਹਨਾਂ ਨੂੰ ਬੜਾ ਆਤਮਕ ਕਲੇਸ਼ ਹੁੰਦਾ ਹੈ ॥੧॥
26045	595	ਭੀ ਸਾਲਾਹਿਹੁ ਸਾਚਾ ਸੋਇ॥		Bhee Saalaahihu Saachaa Soe ||	So praise the True Lord,	ਮੁੜ ਮੁੜ ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਰਹੋ।
26046	595	ਜਾ ਕੀ ਨਦਰਿ ਸਦਾ ਸੁਖੁ ਹੋਇ॥ਰਹਾਉ॥		Jaa Kee Nadhar Sadhaa Sukh Hoe || Rehaao ||	By whose Grace peace ever prevails. ||Pause||	ਉਸੇ ਦੀ ਮੇਹਰ ਦੀ ਨਜ਼ਰ ਨਾਲ ਸਦਾ-ਥਿਰ ਰਹਿਣ ਵਾਲਾ ਸੁਖ ਮਿਲਦਾ ਹੈ ॥ ਰਹਾਉ॥
26047	595	ਵਡਾ ਕਰਿ ਸਾਲਾਹਣਾ ਹੈ ਭੀ ਹੋਸੀ ਸੋਇ॥		Vaddaa Kar Saalaahanaa Hai Bhee Hosee Soe ||	Praise Him as great; He is, and He shall ever be.	ਪ੍ਰਭੂ ਨੂੰ ਵੱਡਾ ਆਖ ਕੇ ਉਸ ਦੀ ਸਿਫ਼ਤ-ਸਾਲਾਹ ਕਰੋ, ਉਹ ਹੀ ਮੌਜੂਦ ਹੈ ਤੇ ਰਹੇਗਾ।

26048	595	ਸਭਨਾ ਦਾਤਾ ਏਕੁ ਤੂ ਮਾਣਸ ਦਾਤਿ ਨ ਹੋਇ॥		Sabhanaa Dhaathaa Eaek Thoo Maanas Dhaath N Hoe ||	You alone are the Great Giver; mankind cannot give anything.	(ਹੇ ਪ੍ਰਭੂ!) ਤੂੰ ਇਕੱਲਾ ਹੀ ਸਭ ਜੀਵਾਂ ਦਾ ਦਾਤਾ ਹੈਂ, ਮਨੁੱਖ ਦਾਤਾ ਨਹੀਂ ਹੋ ਸਕਦਾ।
26049	595	ਜੋ ਤਿਸੁ ਭਾਵੈ ਸੋ ਥੀਐ ਰੰਨ ਕਿ ਰੁੰਨੈ ਹੋਇ॥੨॥	(ਰੰਨ)ਇਸਤ੍ਰੀ ਵਾਂਗ। (ਰੁੰਨੈ) ਰੋਣੇ ਤੇ	Jo This Bhaavai So Thheeai Rann K Runnai Hoe ||2||	Whatever pleases Him, comes to pass; what good does it do to cry out in protest? ||2||	ਜੋ ਕੁਝ ਪ੍ਰਭੂ ਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ, ਰੰਨਾਂ ਵਾਂਗ ਰੋਣ ਤੋਂ ਕੀ ਹੋ ਸਕਦਾ? ॥੨॥
26050	595	ਧਰਤੀ ਉਪਰਿ ਕੋਟ ਗੜ ਕੇਤੀ ਗਈ ਵਜਾਇ॥	ਗੜ੍ਹ	Dhharathee Oupar Kott Garr Kaethee Gee Vajaae ||	Many have proclaimed their sovereignty over millions of fortresses on the earth, but they have now departed.	ਇਸ ਧਰਤੀ ਉਤੇ ਅਨੇਕਾਂ ਆਏ ਜੋ ਕਿਲ੍ਹੇ ਆਦਿਕ ਬਣਾ ਕੇ (ਆਪਣੀ ਤਾਕਤ ਦਾ) ਢੋਲ ਵਜਾ ਕੇ (ਆਖ਼ਰ) ਚਲੇ ਗਏ।
26051	595	ਜੋ ਅਸਮਾਨਿ ਨ ਮਾਵਨੀ ਤਿਨ ਨਕਿ ਨਥਾ ਪਾਇ॥	(ਮਾਵਨੀ) ਮਿਉਂਦੇ ਸਮਾਉਂਦੇ। ਨੱਕਿ ਨੱਥਾ	Jo Asamaan N Maavanee Thin Nak Nathhaa Paae ||	And those, whom even the sky could not contain, had ropes put through their noses.	ਜਿਹਨਾਂ ਨੂੰ ਇਤਨਾ (ਤਾਕਤ ਦਾ) ਮਾਣ ਹੈ ਕਿ (ਮਾਨੋ) ਅਸਮਾਨ ਦੇ ਹੇਠ ਭੀ ਨਹੀਂ ਮਿਓਂਦੇ, ਪ੍ਰਭੂ ਉਨ੍ਹਾਂ ਦੇ ਨਕ ਵਿਚ ਵੀ ਨੱਥ ਪਾ ਦੇਂਦਾ ਹੈ (ਭਾਵ, ਉਹਨਾਂ ਦੀ ਆਕੜ ਭੀ ਭੰਨ ਦੇਂਦਾ ਹੈ)।
26052	595	ਜੇ ਮਨ ਜਾਣਹਿ ਸੂਲੀਆ ਕਾਹੇ ਮਿਠਾ ਖਾਹਿ॥੩॥	(ਸੂਲੀਆ) ਦੁੱਖ। ਸੂਲੀਆ ਕੰਨੇ ਬਿੰਦੀ ਨ ਲਾਉ। ਮਿੱਠਾ	Jae Man Jaanehi Sooleeaa Kaahae Mithaa Khaahi ||3||	O mind, if you only knew the torment in your future, you would not relish the sweet pleasures of the present. ||3||	ਸੋ, ਹੇ ਮਨ! ਜੇ ਤੂੰ ਇਹ ਸਮਝ ਲਏਂ ਕਿ ਦੁਨੀਆ ਦੇ ਮੌਜ ਮੇਲਿਆਂ ਦਾ ਨਤੀਜਾ ਦੁੱਖ-ਕਲੇਸ਼ ਹੀ ਹੈ ਤਾਂ ਤੂੰ ਦੁਨੀਆ ਦੇ ਭੋਗਾਂ ਵਿਚ ਹੀ ਕਿਉਂ ਮਸਤ ਰਹੇਂ? ॥੩॥

26053	595	ਨਾਨਕ ਅਉਗੁਣ ਜੇਤੜੇ ਤੇਤੇ ਗਲੀ ਜੰਜੀਰ॥	ਗਲੀਂ:ਪੋਲਾ ਬੋਲੋ	Naanak Aougun Jaetharrae Thaethae Galee Janjeer ||	O Nanak, as many as are the sins one commits, so many are the chains around his neck.	ਹੇ ਨਾਨਕ! (ਦੁਨੀਆ ਦੇ ਸੁਖ ਮਾਣਨ ਦੀ ਖ਼ਾਤਰ) ਜਿਤਨੇ ਭੀ ਪਾਪ-ਵਿਕਾਰ ਅਸੀਂ ਕਰਦੇ ਹਾਂ, ਇਹ ਸਾਰੇ ਪਾਪ-ਵਿਕਾਰ ਸਾਡੇ ਗਲਾਂ ਵਿਚ ਫਾਹੀਆਂ ਬਣ ਜਾਂਦੇ ਹਨ।
26054	595	ਜੇ ਗੁਣ ਹੋਨਿ ਤ ਕਟੀਅਨਿ ਸੇ ਭਾਈ ਸੇ ਵੀਰ॥		Jae Gun Hon Th Katteean Sae Bhaaee Sae Veer ||	If he possesses virtues, then the chains are cut away; these virtues are his brothers, his true brothers.	ਇਹ ਪਾਪ-ਫਾਹੀਆਂ ਤਦੋਂ ਹੀ ਕੱਟੀਆਂ ਜਾ ਸਕਦੀਆਂ ਹਨ ਜੇ ਸਾਡੇ ਪੱਲੇ ਗੁਣ ਹੋਣ। ਗੁਣ ਹੀ ਅਸਲ ਭਾਈ ਮਿਤ੍ਰ ਹਨ।
26055	595	ਅਗੈ ਗਏ ਨ ਮੰਨੀਅਨਿ ਮਾਰਿ ਕਢਹੁ ਵੇਪੀਰ॥੪॥੧॥	(ਵੇਪੀਰ) ਨਿਗੁਰੇ	Agai Geae N Manneean Maar Kadtahu Vaepeer ||4||1||	Going to the world hereafter, those who have no Guru are not accepted; they are beaten, and expelled. ||4||1||	(ਇਥੋਂ) ਸਾਡੇ ਨਾਲ ਗਏ ਹੋਏ ਪਾਪ-ਵਿਕਾਰ (ਅਗਾਂਹ) ਆਦਰ ਨਹੀਂ ਪਾਂਦੇ। ਇਹਨਾਂ ਬੇ-ਮੁਰਸ਼ਿਦਾਂ ਨੂੰ (ਹੁਣੇ ਹੀ) ਮਾਰ ਕੇ ਆਪਣੇ ਅੰਦਰੋਂ ਕੱਢ ਦਿਉ ॥੪॥੧॥
26056	595	ਸੋਰਠਿ ਮਹਲਾ ੧ ਘਰੁ ੧॥		Sorath Mehalaa 1 Ghar 1 ||	Sorat'h, First Mehl, First House:	
26057	595	ਮਨੁ ਹਾਲੀ ਕਿਰਸਾਣੀ ਕਰਣੀ ਸਰਮੁ ਪਾਣੀ ਤਨੁ ਖੇਤੁ॥		Man Haalee Kirasaanee Karanee Saram Paanee Than Khaeth ||	Make your mind the farmer, good deeds the farm, modesty the water, and your body the field.	ਮਨ ਨੂੰ ਹਾਲ਼ੀ (ਵਰਗਾ ਉੱਦਮੀ) ਬਣਾ, ਉਚੇ ਆਚਰਨ ਨੂੰ ਵਾਹੀ ਸਮਝ, ਮੇਹਨਤ ਨੂੰ ਪਾਣੀ ਬਣਾ, ਤੇ ਸਰੀਰ ਨੂੰ ਪੈਲ਼ੀ ਸਮਝ।

26058	595	ਨਾਮੁ ਬੀਜੁ ਸੰਤੋਖੁ ਸੁਹਾਗਾ ਰਖੁ ਗਰੀਬੀ ਵੇਸੁ॥		Naam Beej Santhokh Suhaagaa Rakh Gareebee Vaes ||	Let the Lord's Name be the seed, contentment the plow, and your humble dress the fence.	ਫਿਰ (ਇਸ ਪੈਲੀ ਵਿਚ) ਪਰਮਾਤਮਾ ਦਾ ਨਾਮ ਬੀਜ, ਸੰਤੋਖ ਨੂੰ ਸੁਹਾਗਾ ਬਣਾ, ਤੇ ਸਾਦਾ ਜੀਵਨ ਬਣਾ।
26059	595	ਭਾਉ ਕਰਮ ਕਰਿ ਜੰਮਸੀ ਸੇ ਘਰ ਭਾਗਠ ਦੇਖੁ॥੧॥	(ਭਾਗਠ)ਖ਼ੁਸ਼ਨਸੀਬ ਭਾਗਵਾਨ	Bhaao Karam Kar Janmasee Sae Ghar Bhaagath Dhaekh ||1||	Doing deeds of love, the seed shall sprout, and you shall see your home flourish. ||1||	ਤਾਂ ਪਰਮਾਤਮਾ ਦੀ ਮੇਹਰ ਨਾਲ ਪ੍ਰੇਮ ਪੈਦਾ ਹੋਵੇਗਾ ਤੇ ਦੇਖ ਕਿ ਸਰੀਰ-ਘਰ ਭਾਗਾਂ ਵਾਲਾ ਹੋ ਜਾਏਗਾ ॥੧॥
26060	595	ਬਾਬਾ ਮਾਇਆ ਸਾਥਿ ਨ ਹੋਇ॥		Baabaa Maaeiaa Saathh N Hoe ||	O Baba, the wealth of Maya does not go with anyone.	ਹੇ ਭਾਈ! (ਇਥੋਂ ਤੁਰਨ ਵੇਲੇ) ਮਾਇਆ ਜੀਵ ਦੇ ਨਾਲ ਨਹੀਂ ਜਾਂਦੀ।
26061	595	ਇਨਿ ਮਾਇਆ ਜਗੁ ਮੋਹਿਆ ਵਿਰਲਾ ਬੂਝੈ ਕੋਇ॥ਰਹਾਉ॥		Ein Maaeiaa Jag Mohiaa Viralaa Boojhai Koe || Rehaao ||	This Maya has bewitched the world, but only a rare few understand this. ||Pause||	ਇਸ ਮਾਇਆ ਨੇ ਸਾਰੇ ਜਗਤ ਨੂੰ ਆਪਣੇ ਵੱਸ ਵਿਚ ਕੀਤਾ ਹੋਇਆ ਹੈ। ਕੋਈ ਵਿਰਲਾ ਹੀ ਇਹ ਗਲ ਸਮਝਦਾ ਹੈ ॥ ਰਹਾਉ॥
26062	595	ਹਾਣੁ ਹਟੁ ਕਰਿ ਆਰਜਾ ਸਚੁ ਨਾਮੁ ਕਰਿ ਵਥੁ॥	(ਹਾਣੁ) ਘਟ ਰਹੀ। ਹੱਟੁ	Haan Hatt Kar Aarajaa Sach Naam Kar Vathh ||	Make your ever-decreasing life your shop, and make the Lord's Name your merchandise.	ਇਸ (ਸਰੀਰ) ਹੱਟੀ ਵਿਚ ਜਿੰਦਗੀ ਦੇ ਹਰ ਸਵਾਸ ਨਾਲ ਸਦਾ-ਥਿਰ ਰਹਿਣ ਵਾਲਾ ਹਰੀ ਨਾਮ ਸੌਦਾ ਬਣਾ।

26063	595	ਸੁਰਤਿ ਸੋਚ ਕਰਿ ਭਾਂਡਸਾਲ ਤਿਸੁ ਵਿਚਿ ਤਿਸਨੋ ਰਖੁ॥	(ਭਾਂਡਸਾਲ) ਦੁਕਾਨ ਜਿਸ ਚ ਭਾਂਡੇ ਸਜਾਏ ਹੋਣ	Surath Soch Kar Bhaanddasaal This Vich This No Rakh ||	Make understanding and contemplation your warehouse, and in that warehouse, store the Lord's Name.	ਆਪਣੀ ਸੁਰਤ ਤੇ ਵਿਚਾਰ-ਮੰਡਲ ਨੂੰ (ਭਾਂਡਿਆਂ ਦੀ) ਭਾਂਡਸਾਲ ਬਣਾ ਕੇ ਇਸ ਵਿਚ ਹਰੀ-ਨਾਮ ਸੌਦੇ ਨੂੰ ਪਾ।
26064	595	ਵਣਜਾਰਿਆ ਸਿਉ ਵਣਜੁ ਕਰਿ ਲੈ ਲਾਹਾ ਮਨ ਹਸੁ॥੨॥	(ਹੱਸੁ) ਪ੍ਰਸੰਨ ਹੋ	Vanajaariaa Sio Vanaj Kar Lai Laahaa Man Has ||2||	Deal with the Lord's dealers, earn your profits, and rejoice in your mind. ||2||	ਇਹ ਨਾਮ-ਵਣਜ ਕਰਨ ਵਾਲੇ ਸਤਸੰਗੀਆਂ ਨਾਲ ਮਿਲ ਕੇ ਤੂੰ ਭੀ ਹਰੀ-ਨਾਮ ਦਾ ਵਣਜ ਕਰ, ਤਾਂ ਇਸ ਵਿਚੋਂ ਖੱਟੀ ਮਿਲੇਗੀ ਮਨ ਦਾ ਖਿੜਾਓ ॥੨॥
26065	595	ਸੁਣਿ ਸਾਸਤ ਸਉਦਾਗਰੀ ਸਤੁ ਘੋੜੇ ਲੈ ਚਲੁ॥	(ਸੱਤੁ) ਉੱਚਾ ਜੀਵਨ	Sun Saasath Soudhaagaree Sath Ghorrae Lai Chal ||	Let your trade be listening to scripture, and let Truth be the horses you take to sell.	ਧਰਮ-ਪੁਸਤਕਾਂ (ਦਾ ਉਪਦੇਸ਼) ਸੁਣਿਆ ਕਰ, ਇਹ ਹਰੀ-ਨਾਮ ਦੀ ਸੌਦਾਗਰੀ ਹੈ, (ਸੌਦਾਗਰੀ ਦਾ ਮਾਲ ਲੱਦਣ ਵਾਸਤੇ) ਉੱਚੇ ਆਚਰਨ ਨੂੰ ਘੋੜੇ ਬਣਾ ਕੇ ਲੈ ਤੁਰ।
26066	595	ਖਰਚੁ ਬੰਨੁ ਚੰਗਿਆਈਆ ਮਤੁ ਮਨ ਜਾਣਹਿ ਕਲੁ॥	ਬੰਨ੍ਹ ਕੱਲ੍ਹ	Kharach Bann Changiaaeeaa Math Man Jaanehi Kal ||	Gather up merits for your travelling expenses, and do not think of tomorrow in your mind.	ਚੰਗੇ ਗੁਣਾਂ ਨੂੰ ਜੀਵਨ-ਸਫ਼ਰ ਦਾ ਖ਼ਰਚ ਬਣਾ। ਹੇ ਮਨ! (ਇਸ ਵਪਾਰ ਦੇ ਉੱਦਮ ਨੂੰ) ਕੱਲ ਤੇ ਨਾਹ ਪਾ।

26067	595	ਨਿਰੰਕਾਰ ਕੈ ਦੇਸਿ ਜਾਹਿ ਤਾ ਸੁਖਿ ਲਹਹਿ ਮਹਲੁ॥੩॥	(ਮ-ਹੱਲੁ) ਘਰ ਟਿਕਾਣਾ	Nirankaar Kai Dhaes Jaahi Thaa Sukh Lehehi Mehal ||3||	When you arrive in the land of the Formless Lord, you shall find peace in the Mansion of His Presence. ||3||	ਜੇ ਤੂੰ ਪਰਮਾਤਮਾ ਦੇ ਦੇਸ ਵਿਚ (ਪਰਮਾਤਮਾ ਦੇ ਚਰਨਾਂ ਵਿਚ) ਟਿਕ ਜਾਏਂ, ਤਾਂ ਆਤਮਕ ਸੁਖ ਵਿਚ ਥਾਂ ਲੱਭ ਜਾਏਗਾ ॥੩॥
26068	595	ਲਾਇ ਚਿਤੁ ਕਰਿ ਚਾਕਰੀ ਮੰਨਿ ਨਾਮੁ ਕਰਿ ਕੰਮੁ॥		Laae Chith Kar Chaakaree Mann Naam Kar Kanm ||	Let your service be the focusing of your consciousness, and let your occupation be the placing of faith in the Naam.	ਪੂਰੇ ਧਿਆਨ ਨਾਲ (ਪ੍ਰਭੂ-ਮਾਲਕ ਦੀ) ਨੌਕਰੀ ਕਰ ਤੇ ਪਰਮਾਤਮਾ-ਮਾਲਕ ਦੇ ਨਾਮ ਨੂੰ ਮਨ ਵਿਚ ਪੱਕਾ ਕਰ ਰੱਖ (ਇਹੀ ਹੈ ਉਸ ਦੀ ਸੇਵਾ)।
26069	596	ਬੰਨੁ ਬਦੀਆ ਕਰਿ ਧਾਵਣੀ ਤਾ ਕੋ ਆਖੈ ਧੰਨੁ॥	(ਬੰਨ੍ਹ) ਬਦੀਆਂ	Bann Badheeaa Kar Dhhaavanee Thaa Ko Aakhai Dhhann ||	Let your work be restraint from sin; only then will people call you blessed.	(ਪਰਮਾਤਮਾ ਦੀ ਨੌਕਰੀ ਦੀ) ਦੌੜ-ਭੱਜ ਵਾਸਤੇ ਵਿਕਾਰਾਂ ਨੂੰ (ਆਪਣੇ ਨੇੜੇ ਆਉਣੋਂ) ਰੋਕ ਦੇ, (ਜੇ ਇਹ ਉੱਦਮ ਕਰੇਂਗਾ) ਤਾਂ ਹਰ ਕੋਈ ਤੈਨੂੰ ਸ਼ਾਬਾਸ਼ੇ ਆਖੇਗਾ।
26070	596	ਨਾਨਕ ਵੇਖੈ ਨਦਰਿ ਕਰਿ ਚੜੈ ਚਵਗਣ ਵੰਨੁ॥੪॥੨॥	ਚ-ਵੱਗਣ	Naanak Vaekhai Nadhar Kar Charrai Chavagan Vann ||4||2||	O Nanak, the Lord shall look upon you with His Glance of Grace, and you shall be blessed with honor four times over. ||4||2||	ਹੇ ਨਾਨਕ! ਇੰਜ ਕਰਨ ਨਾਲ ਪਰਮਾਤਮਾ ਤੈਨੂੰ ਮੇਹਰ ਦੀ ਨਜ਼ਰ ਨਾਲ ਵੇਖੇਗਾ ਤੇ ਤੇਰੀ ਜਿੰਦ ਉਤੇ ਚੌ-ਗੁਣਾਂ ਆਤਮਕ ਰੂਪ ਚੜ੍ਹੇਗਾ ॥੪॥੨॥
26071	596	ਸੋਰਠਿ ਮਃ ੧ ਚਉਤੁਕੇ॥		Sorath Ma 1 Chouthukae ||	Sorat'h, First Mehl, Chau-Tukas:	

26072	596	ਮਾਇ ਬਾਪ ਕੋ ਬੇਟਾ ਨੀਕਾ ਸਸੁਰੈ ਚਤੁਰੁ ਜਵਾਈ॥	(ਨੀਕਾ) ਪਿਆਰਾ	Maae Baap Ko Baettaa Neekaa Sasurai Chathur Javaaee ||	The son is dear to his mother and father; he is the wise son-in-law to his father-in-law.	ਜੋ ਮਨੁੱਖ ਕਦੇ ਮਾਪਿਆਂ ਦਾ ਪਿਆਰਾ ਪੁੱਤਰ ਸੀ, ਕਦੇ ਸਹੁਰੇ ਦਾ ਸਿਆਣਾ ਜਵਾਈ ਸੀ,
26073	596	ਬਾਲ ਕੰਨਿਆ ਕੌ ਬਾਪੁ ਪਿਆਰਾ ਭਾਈ ਕੌ ਅਤਿ ਭਾਈ॥		Baal Kanniaa Ka Baap Piaaraa Bhaaee Ka Ath Bhaaee ||	The father is dear to his son and daughter, and the brother is very dear to his brother.	ਕਦੇ ਪੁੱਤਰ ਧੀ ਵਾਸਤੇ ਪਿਆਰਾ ਪਿਉ ਸੀ, ਅਤੇ ਭਰਾ ਦਾ ਬੜਾ (ਸਨੇਹੀ) ਭਰਾ ਸੀ,
26074	596	ਹੁਕਮੁ ਭਇਆ ਬਾਹਰੁ ਘਰੁ ਛੋਡਿਆ ਖਿਨ ਮਹਿ ਭਈ ਪਰਾਈ॥		Hukam Bhaeiaa Baahar Ghar Shhoddiaa Khin Mehi Bhee Paraaee ||	By the Order of the Lord's Command, he leaves his house and goes outside, and in an instant, everything becomes alien to him.	ਜਦੋਂ ਅਕਾਲ ਪੁਰਖ ਦਾ ਹੁਕਮ ਹੋਇਆ ਤਾਂ ਉਸ ਨੇ ਘਰ ਬਾਰ (ਸਭ ਕੁਝ) ਛੱਡ ਦਿੱਤਾ ਤੇ ਇੰਜ ਇਕ ਪਲਕ ਵਿਚ ਸਭ ਕੁਝ ਓਪਰਾ ਹੋ ਗਿਆ।
26075	596	ਨਾਮੁ ਦਾਨੁ ਇਸਨਾਨੁ ਨ ਮਨਮੁਖਿ ਤਿਤੁ ਤਨਿ ਧੂੜਿ ਧੁਮਾਈ॥੧॥	(ਧੁਮਾਈ) ਉਡਾਈ	Naam Dhaan Eisanaan N Manamukh Thith Than Dhhoorr Dhhumaaee ||1||	The self-willed manmukh does not remember the Name of the Lord, does not give in charity, and does not cleanse his consciousness; his body rolls in the dust. ||1||	ਆਪਣੇ ਮਨ ਦੇ ਪਿੱਛੇ ਹੀ ਤੁਰਨ ਵਾਲੇ ਬੰਦੇ ਨੇ ਨਾਹ ਨਾਮ ਜਪਿਆ ਨਾਹ ਸੇਵਾ ਕੀਤੀ ਅਤੇ ਨਾਹ ਪਵਿਤ੍ਰ ਆਚਰਨ ਬਣਾਇਆ ਤੇ ਇਸ ਸਰੀਰ ਦੀ ਰਾਹੀਂ ਖੇਹ-ਖ਼ੁਆਰੀ ਹੀ ਕਰਦਾ ਰਿਹਾ ॥੧॥

26076	596	ਮਨੁ ਮਾਨਿਆ ਨਾਮੁ ਸਖਾਈ॥		Man Maaniaa Naam Sakhaaee ||	The mind is comforted by the Comforter of the Naam.	ਜਿਸ ਮਨੁੱਖ ਦਾ ਮਨ ਗੁਰੂ ਦੇ ਉਪਦੇਸ਼ ਵਿਚ ਪਤੀਜਦਾ ਹੈ ਉਹ ਪਰਮਾਤਮਾ ਦੇ ਨਾਮ ਨੂੰ ਅਸਲ ਮਿਤ੍ਰ ਸਮਝਦਾ ਹੈ।
26077	596	ਪਾਇ ਪਰਉ ਗੁਰ ਕੈ ਬਲਿਹਾਰੈ ਜਿਨਿ ਸਾਚੀ ਬੂਝ ਬੁਝਾਈ॥ਰਹਾਉ॥	ਬੂੱਝ ਬੁੱਝਾਈ	Paae Paro Gur Kai Balihaarai Jin Saachee Boojh Bujhaaee || Rehaao ||	I fall at the Guru's feet - I am a sacrifice to Him; He has given me to understand the true understanding. ||Pause||	ਮੈਂ ਤਾਂ ਗੁਰੂ ਦੇ ਪੈਰੀਂ ਲੱਗਦਾ ਹਾਂ, ਗੁਰੂ ਤੋਂ ਸਦਕੇ ਜਾਂਦਾ ਹਾਂ ਜਿਸ ਨੇ ਇਹ ਸੱਚੀ ਮੱਤ ਦਿੱਤੀ ਹੈ (ਕਿ ਪਰਮਾਤਮਾ ਹੀ ਅਸਲ ਮਿਤ੍ਰ ਹੈ) ॥ ਰਹਾਉ॥
26078	596	ਜਗ ਸਿਉ ਝੂਠ ਪ੍ਰੀਤਿ ਮਨੁ ਬੇਧਿਆ ਜਨ ਸਿਉ ਵਾਦੁ ਰਚਾਈ॥	(ਵਾਦੁ) ਝਗੜਾ	Jag Sio Jhooth Preeth Man Baedhhiaa Jan Sio Vaadh Rachaaee ||	The mind is impressed with the false love of the world; he quarrels with the Lord's humble servant.	ਮਨਮੁਖ ਦਾ ਮਨ ਜਗਤ ਨਾਲ ਝੂਠੇ ਪਿਆਰ ਵਿਚ ਪ੍ਰੋਇਆ ਰਹਿੰਦਾ ਹੈ, ਸੰਤ ਜਨਾਂ ਨਾਲ ਉਹ ਝਗੜਾ ਖੜਾ ਕਰੀ ਰੱਖਦਾ ਹੈ।
26079	596	ਮਾਇਆ ਮਗਨੁ ਅਹਿ ਨਿਸਿ ਮਗੁ ਜੋਹੈ ਨਾਮੁ ਨ ਲੇਵੈ ਮਰੈ ਬਿਖੁ ਖਾਈ॥		Maaeiaa Magan Ahinis Mag Johai Naam N Laevai Marai Bikh Khaaee ||	Infatuated with Maya, night and day, he sees only the worldly path; he does not chant the Naam, and drinking poison, he dies.	ਮਾਇਆ (ਦੇ ਮੋਹ) ਵਿਚ ਮਸਤ ਉਹ ਦਿਨ ਰਾਤ ਮਾਇਆ ਦਾ ਰਾਹ ਹੀ ਤੱਕਦਾ ਰਹਿੰਦਾ ਹੈ, ਪਰਮਾਤਮਾ ਦਾ ਨਾਮ ਕਦੇ ਨਹੀਂ ਸਿਮਰਦਾ, ਇਸ ਤਰ੍ਹਾਂ (ਮਾਇਆ ਦੇ ਮੋਹ ਦੀ) ਜ਼ਹਿਰ ਖਾ ਖਾ ਕੇ ਆਤਮਕ ਮੌਤੇ ਮਰ ਜਾਂਦਾ ਹੈ।

26080	596	ਗੰਧਣ ਵੈਣਿ ਰਤਾ ਹਿਤਕਾਰੀ ਸਬਦੈ ਸੁਰਤਿ ਨ ਆਈ॥	(ਗੰਧਣ)ਦੁਰਗੰਧੀ ਵਾਲੇ। (ਵੈਣਿ)ਬਚਨ। (ਹਿਤਕਾਰੀ) ਮੋਹਿਆ	Gandhhan Vain Rathaa Hithakaaree Sabadhai Surath N Aaee ||	He is imbued and infatuated with vicious talk; the Word of the Shabad does not come into his consciousness.	ਉਹ ਗੰਦੇ ਗੀਤਾਂ (ਗਾਵਣ ਸੁਣਨ) ਵਿਚ ਮਸਤ ਰਹਿੰਦਾ ਹੈ, ਗੰਦੇ ਗੀਤ ਨਾਲ ਹੀ ਹਿਤ ਕਰਦਾ ਹੈ, ਪਰਮਾਤਮਾ ਦੀ ਸਿਫ਼ਤ-ਸਾਲਾਹ ਵਾਲੀ ਬਾਣੀ ਵਿਚ ਉਸ ਦੀ ਸੁਰਤ ਨਹੀਂ ਲੱਗਦੀ।
26081	596	ਰੰਗਿ ਨ ਰਾਤਾ ਰਸਿ ਨਹੀ ਬੇਧਿਆ ਮਨਮੁਖਿ ਪਤਿ ਗਵਾਈ॥੨॥	(ਬੇਧਿਆ) ਜੁੜਿਆ	Rang N Raathaa Ras Nehee Baedhhiaa Manamukh Path Gavaaee ||2||	He is not imbued with the Lord's Love, and he is not impressed by the taste of the Name; the self-willed manmukh loses his honor. ||2||	ਨਾਹ ਉਹ ਪਰਮਾਤਮਾ ਦੇ ਪਿਆਰ ਵਿਚ ਰੰਗੀਜਦਾ ਹੈ, ਨਾਹ ਉਸ ਨੂੰ ਨਾਮ-ਰਸ ਵਿਚ ਖਿੱਚ ਪੈਂਦੀ ਹੈ। ਮਨਮੁਖ ਇਸੇ ਤਰ੍ਹਾਂ ਆਪਣੀ ਇੱਜ਼ਤ ਗਵਾ ਲੈਂਦਾ ਹੈ ॥੨॥
26082	596	ਸਾਧ ਸਭਾ ਮਹਿ ਸਹਜੁ ਨ ਚਾਖਿਆ ਜਿਹਬਾ ਰਸੁ ਨਹੀ ਰਾਈ॥		Saadhh Sabhaa Mehi Sehaj N Chaakhiaa Jihabaa Ras Nehee Raaee ||	He does not enjoy celestial peace in the Company of the Holy, and there is not even a bit of sweetness on his tongue.	ਸਾਧ ਸੰਗਤ ਵਿਚ ਜਾ ਕੇ ਮਨਮੁਖ ਆਤਮਕ ਅਡੋਲਤਾ ਦਾ ਆਨੰਦ ਕਦੇ ਨਹੀਂ ਮਾਣਦਾ, ਉਸ ਦੀ ਜੀਭ ਨੂੰ ਨਾਮ ਜਪਣ ਦਾ ਸੁਆਦ ਕਦੇ ਰਤਾ ਭੀ ਨਹੀਂ ਆਉਂਦਾ।
26083	596	ਮਨੁ ਤਨੁ ਧਨੁ ਅਪੁਨਾ ਕਰਿ ਜਾਨਿਆ ਦਰ ਕੀ ਖਬਰਿ ਨ ਪਾਈ॥		Man Than Dhhan Apunaa Kar Jaaniaa Dhar Kee Khabar N Paaee ||	He calls his mind, body and wealth his own; he has no knowledge of the Court of the Lord.	ਉਹ ਆਪਣੇ ਮਨ ਨੂੰ ਤਨ ਨੂੰ ਧਨ ਨੂੰ ਹੀ ਆਪਣਾ ਸਮਝੀ ਬੈਠਦਾ ਹੈ, ਪਰਮਾਤਮਾ ਦੇ ਦਰ ਦੀ ਉਸ ਨੂੰ ਕੋਈ ਖ਼ਬਰ-ਸੂਝ ਨਹੀਂ ਪੈਂਦੀ।

26084	596	ਅਖੀ ਮੀਟਿ ਚਲਿਆ ਅੰਧਿਆਰਾ ਘਰੁ ਦਰੁ ਦਿਸੈ ਨ ਭਾਈ॥	ਅੱਖੀਂ	Akhee Meett Chaliaa Andhhiaaraa Ghar Dhar Dhisai N Bhaaee ||	Closing his eyes, he walks in darkness; he cannot see the home of his own being, O Siblings of Destiny.	ਉਹ ਆਤਮਕ-ਸੂਝ ਤੋਂ ਅੰਨ੍ਹਾ (ਜੀਵਨ ਸਫ਼ਰ ਵਿਚ) ਅੱਖਾਂ ਮੀਟ ਕੇ ਹੀ ਤੁਰਿਆ ਜਾਂਦਾ ਹੈ, ਪਰਮਾਤਮਾ ਦਾ ਘਰ ਤੇ ਦਰ ਉਸ ਨੂੰ ਕਦੇ ਦਿੱਸਦਾ ਹੀ ਨਹੀਂ।
26085	596	ਜਮ ਦਰਿ ਬਾਧਾ ਠਉਰ ਨ ਪਾਵੈ ਅਪੁਨਾ ਕੀਆ ਕਮਾਈ॥੩॥		Jam Dhar Baadhhaa Thour N Paavai Apunaa Keeaa Kamaaee ||3||	Tied up at Death's door, he finds no place of rest; he receives the rewards of his own actions. ||3||	ਆਖ਼ਰ ਆਪਣੇ ਕੀਤੇ ਦਾ ਇਹ ਨਫ਼ਾ ਖੱਟਦਾ ਹੈ ਕਿ ਜਮਰਾਜ ਦੇ ਬੂਹੇ ਤੇ ਬੱਝਾ ਹੋਇਆ (ਚੋਟਾਂ ਖਾਂਦਾ ਹੈ, ਇਸ ਸਜ਼ਾ ਤੋਂ ਬਚਣ ਲਈ) ਉਸ ਨੂੰ ਕੋਈ ਸਹਾਰਾ ਨਹੀਂ ਲੱਭਦਾ ॥੩॥
26086	596	ਨਦਰਿ ਕਰੇ ਤਾ ਅਖੀ ਵੇਖਾ ਕਹਣਾ ਕਥਨੁ ਨ ਜਾਈ॥	ਅਖੀਂ	Nadhar Karae Thaa Akhee Vaekhaa Kehanaa Kathhan N Jaaee ||	When the Lord casts His Glance of Grace, then I see Him with my own eyes; He is indescribable, and cannot be described.	ਜੇ ਪ੍ਰਭੂ ਆਪ ਮੇਹਰ ਦੀ ਨਜ਼ਰ ਕਰੇ ਤਾਂ ਹੀ ਮੈਂ ਉਸ ਨੂੰ ਅੱਖਾਂ ਨਾਲ ਵੇਖ ਸਕਦਾ ਹਾਂ, ਉਸ ਦੇ ਗੁਣਾਂ ਦਾ ਬਿਆਨ ਨਹੀਂ ਕੀਤਾ ਜਾ ਸਕਦਾ।
26087	596	ਕੰਨੀ ਸੁਣਿ ਸੁਣਿ ਸਬਦਿ ਸਲਾਹੀ ਅੰਮ੍ਰਿਤੁ ਰਿਦੈ ਵਸਾਈ॥		Kannee Sun Sun Sabadh Salaahee Anmrith Ridhai Vasaaee ||	With my ears, I continually listen to the Word of the Shabad, and I praise Him; His Ambrosial Name abides within my heart.	ਤਾਂ ਕੰਨਾਂ ਨਾਲ ਉਸ ਦੀ ਸਿਫ਼ਤ-ਸਾਲਾਹ ਸੁਣ ਸੁਣ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦੀ ਸਿਫ਼ਤ-ਸਾਲਾਹ ਮੈਂ ਕਰ ਸਕਦਾ ਹਾਂ, ਤੇ ਅਟੱਲ ਆਤਮਕ ਜੀਵਨ ਦੇਣ ਵਾਲਾ ਉਸ ਦਾ ਨਾਮ ਹਿਰਦੇ ਵਿਚ ਵਸਾ ਸਕਦਾ ਹਾਂ।

26088	596	ਨਿਰਭਉ ਨਿਰੰਕਾਰੁ ਨਿਰਵੈਰੁ ਪੂਰਨ ਜੋਤਿ ਸਮਾਈ॥		Nirabho Nirankaar Niravair Pooran Joth Samaaee ||	He is Fearless, Formless and absolutely without vengeance; I am absorbed in His Perfect Light.	ਪ੍ਰਭੂ ਨਿਰਭਉ ਹੈ ਨਿਰ-ਆਕਾਰ ਹੈ ਨਿਰਵੈਰ ਹੈ ਉਸ ਦੀ ਜੋਤਿ ਸਾਰੇ ਜਗਤ ਵਿਚ ਪੂਰਨ ਤੌਰ ਤੇ ਵਿਆਪਕ ਹੈ।
26089	596	ਨਾਨਕ ਗੁਰ ਵਿਣੁ ਭਰਮੁ ਨ ਭਾਗੈ ਸਚਿ ਨਾਮਿ ਵਡਿਆਈ॥੪॥੩॥		Naanak Gur Vin Bharam N Bhaagai Sach Naam Vaddiaaee ||4||3||	O Nanak, without the Guru, doubt is not dispelled; through the True Name, glorious greatness is obtained. ||4||3||	ਹੇ ਨਾਨਕ! ਪਰ ਗੁਰੂ ਦੀ ਸ਼ਰਨ ਤੋਂ ਬਿਨਾ ਮਨ ਦੀ ਭਟਕਣਾ ਦੂਰ ਨਹੀਂ ਹੁੰਦੀ। ਕੇਵਲ ਦੇ ਸਦਾ-ਥਿਰ ਰਹਿਣ ਵਾਲੇ ਨਾਮ ਵਿਚ ਟਿਕਿਆਂ ਹੀ ਆਦਰ ਮਿਲਦਾ ਹੈ ॥੪॥੩॥
26090	596	ਸੋਰਠਿ ਮਹਲਾ ੧ ਦੁਤੁਕੇ॥	ਦੁ-ਤੁਕੇ	Sorath Mehalaa 1 Dhuthukae ||	Sorat'h, First Mehl, Du-Tukas:	
26091	596	ਪੁੜੁ ਧਰਤੀ ਪੁੜੁ ਪਾਣੀ ਆਸਣੁ ਚਾਰਿ ਕੁੰਟ ਚਉਬਾਰਾ॥		Purr Dhharathee Purr Paanee Aasan Chaar Kuntt Choubaaraa ||	In the realm of land, and in the realm of water, Your seat is the chamber of the four directions.	ਹੇ ਪ੍ਰਭੂ! ਇਹ ਸਾਰੀ ਸ੍ਰਿਸ਼ਟੀ ਤੇਰਾ ਚੁਬਾਰਾ ਹੈ, ਚਾਰੇ ਪਾਸੇ ਉਸ ਚੁਬਾਰੇ ਦੀਆਂ ਚਾਰ ਕੰਧਾਂ ਹਨ, ਧਰਤੀ ਉਸ ਚੁਬਾਰੇ ਦਾ (ਹੇਠਲਾ) ਪੁੜ ਹੈ (ਫ਼ਰਸ਼ ਹੈ), ਆਕਾਸ਼ ਉਸ ਚੁਬਾਰੇ ਦਾ (ਉਪਰਲਾ) ਪੁੜ ਹੈ (ਛੱਤ ਹੈ)।

26092	596	ਸਗਲ ਭਵਣ ਕੀ ਮੂਰਤਿ ਏਕਾ ਮੁਖਿ ਤੇਰੈ ਟਕਸਾਲਾ॥੧॥		Sagal Bhavan Kee Moorath Eaekaa Mukh Thaerai Ttakasaalaa ||1||	Yours is the one and only form of the entire universe; Your mouth is the mint to fashion all. ||1||	ਇਸ ਚੁਬਾਰੇ ਵਿਚ ਤੇਰਾ ਨਿਵਾਸ ਹੈ। ਸਾਰੀ ਸ੍ਰਿਸ਼ਟੀ (ਦੇ ਜੀਆਂ ਜੰਤਾਂ) ਦੀਆਂ ਮੂਰਤੀਆਂ ਤੇਰੀ ਹੀ ਸ੍ਰੇਸ਼ਟ ਟਕਸਾਲ ਵਿਚ ਘੜੀਆਂ ਗਈਆਂ ਹਨ ॥੧॥
26093	596	ਮੇਰੇ ਸਾਹਿਬਾ ਤੇਰੇ ਚੋਜ ਵਿਡਾਣਾ॥		Maerae Saahibaa Thaerae Choj Viddaanaa ||	O my Lord Master, Your play is so wonderful!	ਹੇ ਮੇਰੇ ਮਾਲਿਕ! ਤੇਰੇ ਕੌਤਕ ਅਚਰਜ ਹਨ।
26094	596	ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ ਆਪੇ ਸਰਬ ਸਮਾਣਾ॥ਰਹਾਉ॥		Jal Thhal Meheeal Bharipur Leenaa Aapae Sarab Samaanaa || Rehaao ||	You are pervading and permeating the water, the land and the sky; You Yourself are contained in all. ||Pause||	ਤੂੰ ਪਾਣੀ ਵਿਚ, ਧਰਤੀ ਦੇ ਅੰਦਰ, ਧਰਤੀ ਦੇ ਉਪਰ (ਸਾਰੇ ਪੁਲਾੜ ਵਿਚ) ਭਰਪੂਰ ਵਿਆਪਕ ਹੈਂ। ਤੂੰ ਆਪ ਹੀ ਸਭ ਥਾਂ ਮੌਜੂਦ ਹੈਂ ॥ ਰਹਾਉ॥
26095	596	ਜਹ ਜਹ ਦੇਖਾ ਤਹ ਜੋਤਿ ਤੁਮਾਰੀ ਤੇਰਾ ਰੂਪੁ ਕਿਨੇਹਾ॥		Jeh Jeh Dhaekhaa Theh Joth Thumaaree Thaeraa Roop Kinaehaa ||	Wherever I look, there I see Your Light, but what is Your form?	ਮੈਂ ਜਿਸ ਪਾਸੇ ਤੱਕਦਾ ਹਾਂ ਤੇਰੀ ਹੀ ਜੋਤਿ (ਪ੍ਰਕਾਸ਼ ਕਰ ਰਹੀ) ਹੈ, ਪਰ ਤੇਰਾ ਸਰੂਪ ਕੈਸਾ ਹੈ (ਇਹ ਬਿਆਨ ਤੋਂ ਪਰੇ ਹੈ)।
26096	596	ਇਕਤੁ ਰੂਪਿ ਫਿਰਹਿ ਪਰਛੰਨਾ ਕੋਇ ਨ ਕਿਸ ਹੀ ਜੇਹਾ॥੨॥	(ਪਰਛੰਨਾ) ਗੁਪਤ	Eikath Roop Firehi Parashhannaa Koe N Kis Hee Jaehaa ||2||	You have one form, but it is unseen; there is none like any other. ||2||	ਤੂੰ ਆਪ ਹੀ ਆਪ ਹੁੰਦਿਆਂ ਭੀ ਇਹਨਾਂ ਬੇਅੰਤ ਜੀਵਾਂ ਵਿਚ ਲੁਕ ਕੇ ਫਿਰ ਰਿਹਾ ਹੈਂ (ਅਸਚਰਜ ਇਹ ਹੈ ਕਿ) ਕੋਈ ਇਕ ਜੀਵ ਕਿਸੇ ਦੂਜੇ ਵਰਗਾ ਨਹੀਂ ਹੈ ॥੨॥

26097	596	ਅੰਡਜ ਜੇਰਜ ਉਤਭੁਜ ਸੇਤਜ ਤੇਰੇ ਕੀਤੇ ਜੰਤਾ॥		Anddaj Jaeraj Outhabhuj Saethaj Thaerae Keethae Janthaa ||	The beings born of eggs, born of the womb, born of the earth and born of sweat, all are created by You.	ਅੰਡੇ ਵਿਚੋਂ, ਜਿਓਰ ਵਿਚੋਂ, ਧਰਤੀ ਵਿਚੋਂ, ਮੁੜ੍ਹਕੇ ਵਿਚੋਂ ਜੰਮੇ ਹੋਏ ਇਹ ਸਾਰੇ ਜੀਵ ਤੇਰੇ ਹੀ ਪੈਦਾ ਕੀਤੇ ਹੋਏ ਹਨ।
26098	596	ਏਕੁ ਪੁਰਬੁ ਮੈ ਤੇਰਾ ਦੇਖਿਆ ਤੂ ਸਭਨਾ ਮਾਹਿ ਰਵੰਤਾ॥੩॥	(ਪੁਰਬੁ) ਵਡਿਆਈ। (ਰਵੰਤਾ) ਵਿਆਪਕ	Eaek Purab Mai Thaeraa Dhaekhiaa Thoo Sabhanaa Maahi Ravanthaa ||3||	I have seen one glory of Yours, that You are pervading and permeating in all. ||3||	ਪਰ ਮੈਂ ਤੇਰੀ ਅਚਰਜ ਖੇਡ ਵੇਖਦਾ ਹਾਂ ਕਿ ਤੂੰ ਇਹਨਾਂ ਸਭਨਾਂ ਜੀਵਾਂ ਵਿਚ ਮੌਜੂਦ ਹੈਂ ॥੩॥
26099	596	ਤੇਰੇ ਗੁਣ ਬਹੁਤੇ ਮੈ ਏਕੁ ਨ ਜਾਣਿਆ ਮੈ ਮੂਰਖ ਕਿਛੁ ਦੀਜੈ॥		Thaerae Gun Bahuthae Mai Eaek N Jaaniaa Mai Moorakh Kishh Dheejai ||	Your Glories are so numerous, and I do not know even one of them; I am such a fool - please, give me some of them!	ਹੇ ਪ੍ਰਭੂ! ਤੇਰੇ ਅਨੇਕਾਂ ਗੁਣ ਹਨ, ਮੈਨੂੰ ਕਿਸੇ ਇੱਕ ਦੀ ਭੀ ਪੂਰੀ ਸਮਝ ਨਹੀਂ ਹੈ, ਮੈਨੂੰ ਮੂਰਖ ਨੂੰ ਕੋਈ ਚੰਗੀ ਅਕਲ ਦੇਹ!
26100	596	ਪ੍ਰਣਵਤਿ ਨਾਨਕ ਸੁਣਿ ਮੇਰੇ ਸਾਹਿਬਾ ਡੁਬਦਾ ਪਥਰੁ ਲੀਜੈ॥੪॥੪॥		Pranavath Naanak Sun Maerae Saahibaa Ddubadhaa Pathhar Leejai ||4||4||	Prays Nanak, listen, O my Lord Master: I am sinking like a stone - please, save me! ||4||4||	ਨਾਨਕ ਬੇਨਤੀ ਕਰਦਾ ਹੈ ਕਿ ਹੇ ਮੇਰੇ ਮਾਲਕ! ਸੁਣ! ਮੈਨੂੰ ਪੱਥਰ ਵਾਂਗ ਵਿਕਾਰਾਂ ਵਿਚ ਡੁੱਬ ਰਹੇ ਨੂੰ ਬਚਾ ਲੈ! ॥੪॥੪॥
26101	596	ਸੋਰਠਿ ਮਹਲਾ ੧॥		Sorath Mehalaa 1 ||	Sorat'h, First Mehl:	

26102	596	ਹਉ ਪਾਪੀ ਪਤਿਤੁ ਪਰਮ ਪਾਖੰਡੀ ਤੂ ਨਿਰਮਲੁ ਨਿਰੰਕਾਰੀ॥		Ho Paapee Pathith Param Paakhanddee Thoo Niramal Nirankaaree ||	I am a wicked sinner and a great hypocrite; You are the Immaculate and Formless Lord.	(ਹੇ ਮੇਰੇ ਠਾਕੁਰ!) ਮੈਂ ਵਿਕਾਰੀ ਹਾਂ, (ਸਦਾ ਵਿਕਾਰਾਂ ਵਿਚ ਹੀ) ਡਿਗਿਆ ਰਹਿੰਦਾ ਹਾਂ, ਬੜਾ ਹੀ ਪਖੰਡੀ ਹਾਂ, ਤੂੰ ਪਵਿਤ੍ਰ ਨਿਰੰਕਾਰ ਹੈਂ।
26103	596	ਅੰਮ੍ਰਿਤੁ ਚਾਖਿ ਪਰਮ ਰਸਿ ਰਾਤੇ ਠਾਕੁਰ ਸਰਣਿ ਤੁਮਾਰੀ॥੧॥		Anmrith Chaakh Param Ras Raathae Thaakur Saran Thumaaree ||1||	Tasting the Ambrosial Nectar, I am imbued with supreme bliss; O Lord and Master, I seek Your Sanctuary. ||1||	ਜੇਹੜੇ, ਹੇ ਮੇਰੇ ਠਾਕੁਰ! ਤੇਰੀ ਸ਼ਰਨ ਆ ਕੇ ਅਟੱਲ ਆਤਮਕ ਜੀਵਨ ਦੇਣ ਵਾਲਾ ਤੇਰਾ ਨਾਮ-ਰਸ ਚੱਖਦੇ ਹਨ, ਉਹ ਸਭ ਤੋਂ ਉੱਚੇ ਰਸ ਵਿਚ ਮਸਤ ਰਹਿੰਦੇ ਹਨ ॥੧॥
26104	596	ਕਰਤਾ ਤੂ ਮੈ ਮਾਣੁ ਨਿਮਾਣੇ॥		Karathaa Thoo Mai Maan Nimaanae ||	O Creator Lord, You are the honor of the dishonored.	ਹੇ ਮੇਰੇ ਕਰਤਾਰ! ਮੈਂ ਨਿਮਾਣੇ ਵਾਸਤੇ ਤੂੰ ਹੀ ਮਾਣ ਹੈਂ (ਮੈਨੂੰ ਤੇਰਾ ਹੀ ਮਾਣ ਹੈ, ਆਸਰਾ ਹੈ)।
26105	596	ਮਾਣੁ ਮਹਤੁ ਨਾਮੁ ਧਨੁ ਪਲੈ ਸਾਚੈ ਸਬਦਿ ਸਮਾਣੇ॥ਰਹਾਉ॥	ਮ–ਹੱਤੁ	Maan Mehath Naam Dhhan Palai Saachai Sabadh Samaanae || Rehaao ||	In my lap is the honor and glory of the wealth of the Name; I merge into the True Word of the Shabad. ||Pause||	ਮਾਣ ਉਹਨਾਂ ਨੂੰ ਮਿਲਦਾ ਹੈ, ਜਿਨ੍ਹਾਂ ਦੇ ਪੱਲੇ ਪਰਮਾਤਮਾ ਦਾ ਨਾਮ-ਧਨ ਹੈ ਤੇ ਜੋ ਗੁਰ-ਸ਼ਬਦ ਦੀ ਰਾਹੀਂ ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਲੀਨ ਰਹਿੰਦੇ ਹਨ ॥ ਰਹਾਉ॥
26106	596	ਤੂ ਪੂਰਾ ਹਮ ਊਰੇ ਹੋਛੇ ਤੂ ਗਉਰਾ ਹਮ ਹਉਰੇ॥		Thoo Pooraa Ham Oorae Hoshhae Thoo Gouraa Ham Hourae ||	You are perfect, while I am worthless and imperfect. You are profound, while I am trivial.	(ਹੇ ਪ੍ਰਭੂ!) ਤੂੰ ਗੁਣਾਂ ਨਾਲ ਭਰਪੂਰ ਹੈਂ, ਅਸੀਂ ਜੀਵ ਊਣੇ ਹਾਂ ਤੇ ਥੋੜ੍ਹ-ਵਿਤੇ ਹਾਂ, ਤੂੰ ਗੰਭੀਰ ਹੈਂ ਤੇ ਅਸੀਂ ਹੌਲੇ ਹਾਂ।

26107	597	ਤੁਝ ਹੀ ਮਨ ਰਾਤੇ ਅਹਿ ਨਿਸਿ ਪਰਭਾਤੇ ਹਰਿ ਰਸਨਾ ਜਪਿ ਮਨ ਰੇ॥੨॥		Thujh Hee Man Raathae Ahinis Parabhaathae Har Rasanaa Jap Man Rae ||2||	My mind is imbued with You, day and night and morning, O Lord; my tongue chants Your Name, and my mind meditates on You. ||2||	(ਮੇਹਰ ਕਰ ਕਿ) ਮੇਰਾ ਮਨ ਦਿਨ ਰਾਤ ਹਰ ਵੇਲੇ ਤੇਰੇ ਪਿਆਰ ਵਿਚ ਰੰਗਿਆ ਰਹੇ। ਹੇ ਮਨ! ਸਵੇਰੇ ਜੀਭ ਨਾਲ ਪਰਮਾਤਮਾ ਦਾ ਨਾਮ ਜਪ! ॥੨॥
26108	597	ਤੁਮ ਸਾਚੇ ਹਮ ਤੁਮ ਹੀ ਰਾਚੇ ਸਬਦਿ ਭੇਦਿ ਫੁਨਿ ਸਾਚੇ॥	(ਭੇਦਿ) ਜਾਣਕੇ	Thum Saachae Ham Thum Hee Raachae Sabadh Bhaedh Fun Saachae ||	You are True, and I am absorbed into You; through the mystery of the Shabad, I shall ultimately become True as well.	(ਹੇ ਪ੍ਰਭੂ!) ਤੂੰ ਸਦਾ-ਥਿਰ ਰਹਿਣ ਵਾਲਾ ਹੈਂ, ਜੇ ਅਸੀਂ ਜੀਵ ਤੇਰੀ ਯਾਦ ਵਿਚ ਹੀ ਟਿਕੇ ਰਹੀਏ, ਜੇ ਅਸੀਂ ਤੇਰੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਵਿਝੇ ਰਹੀਏ, ਤਾਂ ਅਸੀਂ ਭੀ (ਤੇਰੀ ਮੇਹਰ ਨਾਲ) ਅਡੋਲ-ਚਿੱਤ ਹੋ ਸਕਦੇ ਹਾਂ।
26109	597	ਅਹਿ ਨਿਸਿ ਨਾਮਿ ਰਤੇ ਸੇ ਸੂਚੇ ਮਰਿ ਜਨਮੇ ਸੇ ਕਾਚੇ॥੩॥		Ahinis Naam Rathae Sae Soochae Mar Janamae Sae Kaachae ||3||	Those who are imbued with the Naam day and night are pure, while those who die to be reborn are impure. ||3||	ਜੇਹੜੇ ਮਨੁੱਖ ਦਿਨ ਰਾਤ ਤੇਰੇ ਨਾਮ ਵਿਚ ਰੰਗੇ ਰਹਿੰਦੇ ਹਨ ਉਹ ਪਵਿਤ੍ਰ-ਆਤਮਾ ਹਨ, (ਪਰ ਨਾਮ ਵਿਸਾਰ ਕੇ) ਜੋ ਜਨਮ ਮਰਨ ਦੇ ਗੇੜ ਵਿਚ ਪਏ ਹੋਏ ਹਨ, ਉਹਨਾਂ ਦੇ ਮਨ ਦੀ ਘਾੜਤ ਅਜੇ ਕੋਝੀ ਹੈ ॥੩॥

26110	597	ਅਵਰੁ ਨ ਦੀਸੈ ਕਿਸੁ ਸਾਲਾਹੀ ਤਿਸਹਿ ਸਰੀਕੁ ਨ ਕੋਈ॥		Avar N Dheesai Kis Saalaahee Thisehi Sareek N Koee ||	I do not see any other like the Lord; who else should I praise? No one is equal to Him.	ਪਰਮਾਤਮਾ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ, ਕੋਈ ਹੋਰ ਮੈਨੂੰ ਉਸ ਵਰਗਾ ਨਹੀਂ ਦਿੱਸਦਾ ਜਿਸ ਦੀ ਮੈਂ ਸਿਫ਼ਤ-ਸਾਲਾਹ ਕਰ ਸਕਾਂ।
26111	597	ਪ੍ਰਣਵਤਿ ਨਾਨਕੁ ਦਾਸਨਿ ਦਾਸਾ ਗੁਰਮਤਿ ਜਾਨਿਆ ਸੋਈ॥੪॥੫॥		Pranavath Naanak Dhaasan Dhaasaa Guramath Jaaniaa Soee ||4||5||	Prays Nanak, I am the slave of His slaves; by Guru's Instruction, I know Him. ||4||5||	ਨਾਨਕ ਬੇਨਤੀ ਕਰਦਾ ਹੈ ਕਿ ਮੈਂ ਉਹਨਾਂ ਦੇ ਦਾਸਾਂ ਦਾ ਦਾਸ ਹਾਂ ਜਿਨ੍ਹਾਂ ਨੇ ਗੁਰੂ ਦੀ ਮੱਤ ਲੈ ਕੇ ਉਸ (ਲਾ-ਸ਼ਰੀਕ) ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ ਹੈ ॥੪॥੫॥
26112	597	ਸੋਰਠਿ ਮਹਲਾ ੧॥		Sorath Mehalaa 1 ||	Sorat'h, First Mehl:	
26113	597	ਅਲਖ ਅਪਾਰ ਅਗੰਮ ਅਗੋਚਰਿ ਨਾ ਤਿਸੁ ਕਾਲੁ ਨ ਕਰਮਾ॥		Alakh Apaar Aganm Agochar Naa This Kaal N Karamaa ||	He is unknowable, infinite, unapproachable and imperceptible. He is not subject to death or karma.	ਉਹ ਪਰਮਾਤਮਾ ਅਦ੍ਰਿੱਸ਼ ਹੈ, ਬੇਅੰਤ ਹੈ, ਅਪਹੁੰਚ ਹੈ, ਮਨੁੱਖ ਦੇ ਗਿਆਨ-ਇੰਦ੍ਰੇ ਉਸ ਨੂੰ ਸਮਝ ਨਹੀਂ ਸਕਦੇ, ਮੌਤ ਉਸ ਨੂੰ ਪੋਹ ਨਹੀਂ ਸਕਦੀ, ਕਰਮਾਂ ਦਾ ਉਸ ਉਤੇ ਕੋਈ ਦਬਾਉ ਨਹੀਂ (ਜਿਵੇਂ ਜੀਵ ਕਰਮ-ਅਧੀਨ ਹਨ ਉਹ ਨਹੀਂ)।
26114	597	ਜਾਤਿ ਅਜਾਤਿ ਅਜੋਨੀ ਸੰਭਉ ਨਾ ਤਿਸੁ ਭਾਉ ਨ ਭਰਮਾ॥੧॥		Jaath Ajaath Ajonee Sanbho Naa This Bhaao N Bharamaa ||1||	His caste is casteless; He is unborn, self-illumined, and free of doubt and desire. ||1||	ਉਸ ਪ੍ਰਭੂ ਦੀ ਕੋਈ ਜਾਤਿ ਨਹੀਂ, ਉਹ ਜੂਨਾਂ ਵਿਚ ਨਹੀਂ ਪੈਂਦਾ, ਉਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੈ। ਨਾਹ ਉਸ ਨੂੰ ਕੋਈ ਮੋਹ ਵਿਆਪਦਾ ਹੈ, ਨਾਹ ਉਹਨੂੰ ਕੋਈ ਭਟਕਣਾ ਹੈ ॥੧॥

26115	597	ਸਾਚੇ ਸਚਿਆਰ ਵਿਟਹੁ ਕੁਰਬਾਣੁ॥		Saachae Sachiaar Vittahu Kurabaan ||	I am a sacrifice to the Truest of the True.	ਮੈਂ ਸਦਾ ਕੁਰਬਾਨ ਹਾਂ ਉਸ ਪਰਮਾਤਮਾ ਤੋਂ ਜੋ ਸਦਾ ਕਾਇਮ ਰਹਿਣ ਵਾਲਾ ਹੈ ਤੇ ਜੋ ਸਚਾਈ ਦਾ ਸੋਮਾ ਹੈ।
26116	597	ਨਾ ਤਿਸੁ ਰੂਪ ਵਰਨੁ ਨਹੀ ਰੇਖਿਆ ਸਾਚੈ ਸਬਦਿ ਨੀਸਾਣੁ॥ਰਹਾਉ॥	(ਨੀਸਾਣੁ) ਪਛਾਣ	Naa This Roop Varan Nehee Raekhiaa Saachai Sabadh Neesaan || Rehaao ||	He has no form, no color and no features; through the True Word of the Shabad, He reveals Himself. ||Pause||	ਉਸ ਪਰਮਾਤਮਾ ਦਾ ਨਾਹ ਕੋਈ ਰੂਪ ਹੈ ਨਾਹ ਰੰਗ ਹੈ ਅਤੇ ਨਾਹ ਕੋਈ ਚਿਹਨ ਚੱਕ੍ਰ ਹੈ। ਸੱਚੇ ਸ਼ਬਦ ਵਿਚ ਜੁੜਿਆਂ ਉਸ ਦਾ ਥਹੁ-ਪਤਾ ਲੱਗਦਾ ਹੈ। ਰਹਾਉ॥
26117	597	ਨਾ ਤਿਸੁ ਮਾਤ ਪਿਤਾ ਸੁਤ ਬੰਧਪ ਨਾ ਤਿਸੁ ਕਾਮੁ ਨ ਨਾਰੀ॥		Naa This Maath Pithaa Suth Bandhhap Naa This Kaam N Naaree ||	He has no mother, father, sons or relatives; He is free of sexual desire; He has no wife.	ਉਸ ਪ੍ਰਭੂ ਦੀ ਨਾਹ ਮਾਂ ਨਾਹ ਪਿਉ ਨਾਹ ਉਸ ਦਾ ਕੋਈ ਪੁੱਤਰ ਨਾਹ ਰਿਸ਼ਤੇਦਾਰ। ਨਾਹ ਉਸ ਨੂੰ ਕਾਮ-ਵਾਸਨਾ ਫੁਰਦੀ ਹੈ ਤੇ ਨਾਹ ਹੀ ਉਸ ਦੀ ਕੋਈ ਵਹੁਟੀ ਹੈ।
26118	597	ਅਕੁਲ ਨਿਰੰਜਨ ਅਪਰ ਪਰੰਪਰੁ ਸਗਲੀ ਜੋਤਿ ਤੁਮਾਰੀ॥੨॥	ਅ-ਕੁਲ:ਪੋਲਾ ਬੋਲੋ। ਪ-ਰੰਪਰੁ	Akul Niranjan Apar Paranpar Sagalee Joth Thumaaree ||2||	He has no ancestry; He is immaculate. He is infinite and endless; O Lord, Your Light is pervading all. ||2||	ਉਸ ਦੀ ਕੋਈ ਖ਼ਾਸ ਕੁਲ ਨਹੀਂ, ਉਹ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ, ਬੇਅੰਤ ਹੈ ਪਰੇ ਤੋਂ ਪਰੇ ਹੈ। ਹੇ ਪ੍ਰਭੂ! ਸਭ ਥਾਂ ਤੇਰੀ ਹੀ ਜੋਤਿ ਪ੍ਰਕਾਸ਼ ਕਰ ਰਹੀ ਹੈ ॥੨॥
26119	597	ਘਟ ਘਟ ਅੰਤਰਿ ਬ੍ਰਹਮੁ ਲੁਕਾਇਆ ਘਟਿ ਘਟਿ ਜੋਤਿ ਸਬਾਈ॥		Ghatt Ghatt Anthar Breham Lukaaeiaa Ghatt Ghatt Joth Sabaaee ||	Deep within each and every heart, God is hidden; His Light is in each and every heart.	ਹਰੇਕ ਸਰੀਰ ਦੇ ਅੰਦਰ ਪਰਮਾਤਮਾ ਗੁਪਤ ਹੋ ਕੇ ਬੈਠਾ ਹੋਇਆ ਹੈ, ਹਰੇਕ ਘਟ ਵਿਚ ਹਰ ਥਾਂ ਉਸੇ ਦੀ ਜੋਤਿ ਹੈ[

26120	597	ਬਜਰ ਕਪਾਟ ਮੁਕਤੇ ਗੁਰਮਤੀ ਨਿਰਭੈ ਤਾੜੀ ਲਾਈ॥੩॥	(ਬੱਜਰ) ਕਠਨ। (ਮੁਕਤੇ) ਖੁੱਲੇ। (ਤਾੜੀ) ਸਮਾਧੀ	Bajar Kapaatt Mukathae Guramathee Nirabhai Thaarree Laaee ||3||	The heavy doors are opened by Guru's Instructions; one becomes fearless, in the trance of deep meditation. ||3||	ਗੁਰੂ ਦੀ ਮੱਤ ਤੇ ਤੁਰ ਨਾਲ ਕਰੜੇ ਕਵਾੜ ਖੁਲ੍ਹਦੇ ਹਨ ਤੇ ਇਹ ਸਮਝ ਆਉਂਦੀ ਹੈ ਕਿ ਹਰੇਕ ਜੀਵ ਵਿਚ ਵਿਆਪਕ ਹੁੰਦਾ ਹੋਇਆ ਭੀ ਪ੍ਰਭੂ ਨਿਡਰ ਅਵਸਥਾ ਵਿਚ ਟਿਕਿਆ ਬੈਠਾ ਹੈ ॥੩॥
26121	597	ਜੰਤ ਉਪਾਇ ਕਾਲੁ ਸਿਰਿ ਜੰਤਾ ਵਸਗਤਿ ਜੁਗਤਿ ਸਬਾਈ॥	ਵੱਸ-ਗਤਿ। ਗਤਿ:ਪੋਲਾ ਬੋਲੋ	Janth Oupaae Kaal Sir Janthaa Vasagath Jugath Sabaaee ||	The Lord created all beings, and placed death over the heads of all; all the world is under His Power.	ਸਭ ਜੀਵਾਂ ਨੂੰ ਪੈਦਾ ਕਰ ਕੇ ਸਭ ਦੇ ਸਿਰ ਉਤੇ ਪਰਮਾਤਮਾ ਨੇ ਮੌਤ (ਭੀ) ਟਿਕਾਈ ਹੋਈ ਹੈ, ਸਭ ਜੀਵਾਂ ਦੀ ਜੀਵਨ-ਜੁਗਤਿ ਪ੍ਰਭੂ ਨੇ ਆਪਣੇ ਵੱਸ ਵਿਚ ਰੱਖੀ ਹੋਈ ਹੈ।
26122	597	ਸਤਿਗੁਰੁ ਸੇਵਿ ਪਦਾਰਥੁ ਪਾਵਹਿ ਛੂਟਹਿ ਸਬਦੁ ਕਮਾਈ॥੪॥		Sathigur Saev Padhaarathh Paavehi Shhoottehi Sabadh Kamaaee ||4||	Serving the True Guru, the treasure is obtained; living the Word of the Shabad, one is emancipated. ||4||	ਜੇਹੜੇ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਨਾਮ-ਪਦਾਰਥ ਹਾਸਲ ਕਰਦੇ ਹਨ, ਉਹ ਗੁਰ-ਸ਼ਬਦ ਨੂੰ ਕਮਾ ਕੇ (ਗੁਰ-ਸ਼ਬਦ ਅਨੁਸਾਰ ਜੀਵਨ ਢਾਲ ਕੇ ਮਾਇਆ ਦੇ ਬੰਧਨਾਂ ਤੋਂ) ਆਜ਼ਾਦ ਹੋ ਜਾਂਦੇ ਹਨ ॥੪॥
26123	597	ਸੂਚੈ ਭਾਡੈ ਸਾਚੁ ਸਮਾਵੈ ਵਿਰਲੇ ਸੂਚਾਚਾਰੀ॥	(ਸੂਚੇ) ਪਵਿੱਤ੍ਰ।(ਭਾਂਡੈ) ਗੁਰਮੁਖਸ਼ੁਧ ਹਿਰਦੇ। (ਸੂਚਾਚਾਰੀ) ਸ੍ਰੇਸ਼ਟ ਕਰਤੱਬ ਵਾਲੇ	Soochai Bhaaddai Saach Samaavai Viralae Soochaachaaree ||	In the pure vessel, the True Name is contained; how few are those who practice true conduct.	ਪਵਿਤ੍ਰ ਹਿਰਦੇ ਵਿਚ ਹੀ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਟਿਕ ਸਕਦਾ ਹੈ, ਪਰ ਸੁੱਚੇ ਆਚਰਨ ਵਾਲੇ (ਪਵਿਤ੍ਰ ਹਿਰਦੇ ਵਾਲੇ) ਕੋਈ ਵਿਰਲੇ ਹੁੰਦੇ ਹਨ।

26124	597	ਤੰਤੈ ਕਉ ਪਰਮਤੰਤੁ ਮਿਲਾਇਆ ਨਾਨਕ ਸਰਣਿ ਤੁਮਾਰੀ॥੫॥੬॥	(ਤੰਤੈ) ਜੀਵ	Thanthai Ko Param Thanth Milaaeiaa Naanak Saran Thumaaree ||5||6||	The individual soul is united with the Supreme Soul; Nanak seeks Your Sanctuary, Lord. ||5||6||	ਹੇ ਪ੍ਰਭੂ! ਨਾਨਕ ਤੇਰੀ ਸਰਨ ਆਇਆ ਹੈ, ਤੂੰ ਹੀ ਜੀਵ-ਆਤਮਾ ਨੂੰ ਪਰਮ-ਆਤਮਾ ਮਿਲਾਂਦਾ (ਪ੍ਰਭੂ-ਮੇਲ ਕਰਦਾ) ਹੈਂ ॥੫॥੬॥
26125	597	ਸੋਰਠਿ ਮਹਲਾ ੧॥		Sorath Mehalaa 1 ||	Sorat'h, First Mehl:	
26126	597	ਜਿਉ ਮੀਨਾ ਬਿਨੁ ਪਾਣੀਐ ਤਿਉ ਸਾਕਤੁ ਮਰੈ ਪਿਆਸ॥		Jio Meenaa Bin Paaneeai Thio Saakath Marai Piaas ||	Like a fish without water is the faithless cynic, who dies of thirst.	ਜਿਵੇਂ ਪਾਣੀ ਤੋਂ ਬਿਨਾ ਮੱਛੀ (ਤੜਫਦੀ) ਹੈ ਤਿਵੇਂ ਮਾਇਆ-ਵੇੜ੍ਹਿਆ ਜੀਵ ਤ੍ਰਿਸ਼ਨਾ ਦੇ ਅਧੀਨ ਰਹਿ ਕੇ ਦੁਖੀ ਹੁੰਦਾ ਹੈ।
26127	597	ਤਿਉ ਹਰਿ ਬਿਨੁ ਮਰੀਐ ਰੇ ਮਨਾ ਜੋ ਬਿਰਥਾ ਜਾਵੈ ਸਾਸੁ॥੧॥		Thio Har Bin Mareeai Rae Manaa Jo Birathhaa Jaavai Saas ||1||	So shall you die, O mind, without the Lord, as your breath goes in vain. ||1||	ਇਸੇ ਤਰ੍ਹਾਂ, ਹੇ ਮਨ! ਹਰੀ-ਸਿਮਰਨ ਤੋਂ ਬਿਨਾ ਜੇਹੜਾ ਭੀ ਸੁਆਸ ਖ਼ਾਲੀ ਜਾਂਦਾ ਹੈ (ਉਸ ਵਿਚ ਦੁਖੀ ਹੋ ਹੋ ਕੇ) ਆਤਮਕ ਮੌਤੇ ਮਰੀਦਾ ਹੈ ॥੧॥
26128	597	ਮਨ ਰੇ ਰਾਮ ਨਾਮ ਜਸੁ ਲੇਇ॥	ਲੇ-ਇ	Man Rae Raam Naam Jas Laee ||	O mind, chant the Lord's Name, and praise Him.	ਹੇ ਮੇਰੇ ਮਨ! ਪਰਮਾਤਮਾ ਦੇ ਨਾਮ ਦੀ ਸਿਫ਼ਤ-ਸਾਲਾਹ ਕਰ।

26129	597	ਬਿਨੁ ਗੁਰ ਇਹੁ ਰਸੁ ਕਿਉ ਲਹਉ ਗੁਰੁ ਮੇਲੈ ਹਰਿ ਦੇਇ॥ਰਹਾਉ॥		Bin Gur Eihu Ras Kio Leho Gur Maelai Har Dhaee || Rehaao ||	Without the Guru, how will you obtain this juice? The Guru shall unite you with the Lord. ||Pause||	(ਪਰ) ਗੁਰੂ ਦੀ ਸਰਨ ਪੈਣ ਤੋਂ ਬਿਨਾ ਇਹ ਆਨੰਦ ਨਹੀਂ ਮਿਲ ਸਕਦਾ। ਪ੍ਰਭੂ (ਮੇਹਰ ਕਰ ਕੇ) ਜਿਸ ਨੂੰ ਗੁਰੂ ਮਿਲਾਂਦਾ ਹੈ ਉਸ ਨੂੰ (ਇਹ ਰਸ) ਦੇਂਦਾ ਹੈ। ਰਹਾਉ॥
26130	597	ਸੰਤ ਜਨਾ ਮਿਲੁ ਸੰਗਤੀ ਗੁਰਮੁਖਿ ਤੀਰਥੁ ਹੋਇ॥	ਸੰਗਤੀਂ	Santh Janaa Mil Sangathee Guramukh Theerathh Hoe ||	For the Gurmukh, meeting with the Society of the Saints is like making a pilgrimage to a sacred shrine.	(ਹੇ ਮਨ!) ਸੰਤ ਜਨਾਂ ਦੀ ਸੰਗਤ ਵਿਚ ਮਿਲ (ਸਤਸੰਗ ਵਿਚ ਰਹਿ ਕੇ) ਗੁਰੂ ਦੇ ਸਨਮੁਖ ਰਹਿਣਾ ਹੀ (ਅਸਲ) ਤੀਰਥ (-ਇਸ਼ਨਾਨ) ਹੈ।
26131	597	ਅਠਸਠਿ ਤੀਰਥ ਮਜਨਾ ਗੁਰ ਦਰਸੁ ਪਰਾਪਤਿ ਹੋਇ॥੨॥	ਮੱਜਨਾ	Athasath Theerathh Majanaa Gur Dharas Paraapath Hoe ||2||	The benefit of bathing at the sixty-eight sacred shrines of pilgrimage is obtained by the Blessed Vision of the Guru's Darshan. ||2||	ਜਿਸ ਮਨੁੱਖ ਨੂੰ ਗੁਰੂ ਦਾ ਦਰਸਨ ਹੋ ਜਾਂਦਾ ਹੈ ਉਸ ਨੂੰ (ਸਮਝੋ) ਅਠਾਹਠ ਤੀਰਥਾਂ ਦਾ ਇਸ਼ਨਾਨ ਪ੍ਰਾਪਤ ਹੋ ਜਾਂਦਾ ਹੈ ॥੨॥
26132	597	ਜਿਉ ਜੋਗੀ ਜਤ ਬਾਹਰਾ ਤਪੁ ਨਾਹੀ ਸਤੁ ਸੰਤੋਖੁ॥		Jio Jogee Jath Baaharaa Thap Naahee Sath Santhokh ||	Like the Yogi without abstinence, and like penance without truth and contentment,	ਜਿਸ ਨੇ ਆਪਣੇ ਇੰਦ੍ਰਿਆਂ ਨੂੰ ਵੱਸ ਵਿਚ ਨਹੀਂ ਕੀਤਾ ਉਹ ਜੋਗੀ (ਨਿਸਫਲ ਹੈ), ਜੇ ਅੰਦਰ ਸੰਤੋਖ ਨਹੀਂ, ਉੱਚਾ ਜੀਵਨ ਨਹੀਂ, ਤਾਂ (ਕੀਤਾ ਹੋਇਆ) ਤਪ ਵਿਅਰਥ ਹੈ।

26133	597	ਤਿਉ ਨਾਮੈ ਬਿਨੁ ਦੇਹੁਰੀ ਜਮੁ ਮਾਰੈ ਅੰਤਰਿ ਦੋਖੁ॥੩॥		Thio Naamai Bin Dhaehuree Jam Maarai Anthar Dhokh ||3||	So is the body without the Lord's Name; death will slay it, because of the sin within. ||3||	ਇਸੇ ਤਰ੍ਹਾਂ ਜੇ ਪ੍ਰਭੂ ਦਾ ਨਾਮ ਨਹੀਂ ਸਿਮਰਿਆ, ਤਾਂ ਇਹ ਮਨੁੱਖਾ ਸਰੀਰ ਵਿਅਰਥ ਹੈ। ਨਾਮ-ਹੀਣੇ ਮਨੁੱਖ ਦੇ ਅੰਦਰ ਵਿਕਾਰ ਹੀ ਵਿਕਾਰ ਹੈ, ਉਸ ਨੂੰ ਜਮਰਾਜ ਸਜ਼ਾ ਦੇਂਦਾ ਹੈ ॥੩॥
26134	597	ਸਾਕਤ ਪ੍ਰੇਮੁ ਨ ਪਾਈਐ ਹਰਿ ਪਾਈਐ ਸਤਿਗੁਰ ਭਾਇ॥		Saakath Praem N Paaeeai Har Paaeeai Sathigur Bhaae ||	The faithless cynic does not obtain the Lord's Love; the Lord's Love is obtained only through the True Guru.	(ਪ੍ਰਭੂ-ਚਰਨਾਂ ਦਾ) ਪਿਆਰ ਮਾਇਆ-ਵੇੜ੍ਹੇ ਬੰਦਿਆਂ ਤੋਂ ਨਹੀਂ ਮਿਲਦਾ, ਗੁਰੂ ਨਾਲ ਪਿਆਰ ਪਾਇਆਂ ਹੀ ਪਰਮਾਤਮਾ ਮਿਲਦਾ ਹੈ।
26135	597	ਸੁਖ ਦੁਖ ਦਾਤਾ ਗੁਰੁ ਮਿਲੈ ਕਹੁ ਨਾਨਕ ਸਿਫਤਿ ਸਮਾਇ॥੪॥੭॥		Sukh Dhukh Dhaathaa Gur Milai Kahu Naanak Sifath Samaae ||4||7||	One who meets with the Guru, the Giver of pleasure and pain, says Nanak, is absorbed in the Lord's Praise. ||4||7||	ਨਾਨਕ ਆਖਦਾ ਹੈ- ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਉਸਨੂੰ ਸੁਖਾਂ ਦੁੱਖਾਂ ਦਾ ਦੇਣ ਵਾਲਾ ਰੱਬ ਮਿਲ ਪੈਂਦਾ ਹੈ, ਉਹ ਸਦਾ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਲੀਨ ਰਹਿੰਦਾ ਹੈ ॥੪॥੭॥
26136	597	ਸੋਰਠਿ ਮਹਲਾ ੧॥		Sorath Mehalaa 1 ||	Sorat'h, First Mehl:	
26137	597	ਤੂ ਪ੍ਰਭ ਦਾਤਾ ਦਾਨਿ ਮਤਿ ਪੂਰਾ ਹਮ ਥਾਰੇ ਭੇਖਾਰੀ ਜੀਉ॥		Thoo Prabh Dhaathaa Dhaan Math Pooraa Ham Thhaarae Bhaekhaaree Jeeo ||	You, God, are the Giver of gifts, the Lord of perfect understanding; I am a mere beggar at Your Door.	ਹੇ ਪ੍ਰਭੂ ਜੀ! ਤੂੰ ਸਾਨੂੰ ਸਭ ਪਦਾਰਥ ਦੇਣ ਵਾਲਾ ਹੈਂ, ਦਾਤਾਂ ਦੇਣ ਵਿਚ ਤੂੰ ਕਦੇ ਖੁੰਝਦਾ ਨਹੀਂ, ਅਸੀਂ ਤੇਰੇ (ਦਰ ਦੇ) ਮੰਗਤੇ ਹਾਂ।

26138	597	ਮੈ ਕਿਆ ਮਾਗਉ ਕਿਛੁ ਥਿਰੁ ਨ ਰਹਾਈ ਹਰਿ ਦੀਜੈ ਨਾਮੁ ਪਿਆਰੀ ਜੀਉ॥੧॥		Mai Kiaa Maago Kishh Thhir N Rehaaee Har Dheejai Naam Piaaree Jeeo ||1||	What should I beg for? Nothing remains permanent; O Lord, please, bless me with Your Beloved Name. ||1||	ਮੈਂ ਤੈਥੋਂ ਕੇਹੜੀ ਸ਼ੈ ਮੰਗਾਂ? ਕੋਈ ਸ਼ੈ ਸਦਾ ਟਿਕੀ ਰਹਿਣ ਵਾਲੀ ਨਹੀਂ। ਹੇ ਹਰੀ! ਮੈਨੂੰ (ਕੇਵਲ) ਆਪਣਾ ਨਾਮ ਦੇਹ ਤਾਂ ਜੋ ਮੈਂ ਤੇਰੇ ਨਾਮ ਨੂੰ ਪਿਆਰ ਕਰਾਂ ॥੧॥
26139	597	ਘਟਿ ਘਟਿ ਰਵਿ ਰਹਿਆ ਬਨਵਾਰੀ॥		Ghatt Ghatt Rav Rehiaa Banavaaree ||	In each and every heart, the Lord, the Lord of the forest, is permeating and pervading.	ਪਰਮਾਤਮਾ ਹਰੇਕ ਸਰੀਰ ਵਿਚ ਵਿਆਪਕ ਹੈ।
26140	597	ਜਲਿ ਥਲਿ ਮਹੀਅਲਿ ਗੁਪਤੋ ਵਰਤੈ ਗੁਰ ਸਬਦੀ ਦੇਖਿ ਨਿਹਾਰੀ ਜੀਉ॥ਰਹਾਉ॥		Jal Thhal Meheeal Gupatho Varathai Gur Sabadhee Dhaekh Nihaaree Jeeo || Rehaao ||	In the water, on the land, and in the sky, He is pervading but hidden; through the Word of the Guru's Shabad, He is revealed. ||Pause||	ਪਾਣੀ ਵਿਚ ਧਰਤੀ ਵਿਚ, ਧਰਤੀ ਦੇ ਉਪਰ ਆਕਾਸ਼ ਵਿਚ ਹਰ ਥਾਂ ਮੌਜੂਦ ਹੈ ਪਰ ਲੁਕਿਆ ਹੋਇਆ ਹੈ। (ਹੇ ਮਨ!) ਗੁਰੂ ਦੇ ਸ਼ਬਦ ਦੀ ਰਾਹੀਂ ਉਸ ਨੂੰ ਵੇਖ! ਰਹਾਉ॥

26141	597	ਮਰਤ ਪਇਆਲ ਅਕਾਸੁ ਦਿਖਾਇਓ ਗੁਰਿ ਸਤਿਗੁਰਿ ਕਿਰਪਾ ਧਾਰੀ ਜੀਉ॥	(ਮਰਤ) ਧਰਤੀ। (ਪ-ਇਆਲ) ਪਤਾਲ ਧਰਤੀ ਹੇਠਾਂ	Marath Paeiaal Akaas Dhikhaaeiou Gur Sathigur Kirapaa Dhhaaree Jeeo ||	In this world, in the nether regions of the underworld, and in the Akaashic Ethers, the Guru, the True Guru, has shown me the Lord; He has showered me with His Mercy.	ਗੁਰੂ ਨੇ ਸਤਿਗੁਰੂ ਨੇ ਕਿਰਪਾ ਕੀਤੀ ਤੇ ਜੀਵ ਨੂੰ ਪ੍ਰਭੂ ਦੀ ਹੋਂਦ, ਧਰਤੀ, ਆਕਾਸ਼ ਤੇ ਪਾਤਾਲ ਵਿਚ ਵਿਖਾ ਦਿੱਤੀ।
26142	597	ਸੋ ਬ੍ਰਹਮੁ ਅਜੋਨੀ ਹੈ ਭੀ ਹੋਨੀ ਘਟ ਭੀਤਰਿ ਦੇਖੁ ਮੁਰਾਰੀ ਜੀਉ॥੨॥		So Breham Ajonee Hai Bhee Honee Ghatt Bheethar Dhaekh Muraaree Jeeo ||2||	He is the unborn Lord God; He is, and shall ever be. Deep within your heart, behold Him, the Destroyer of ego. ||2||	ਉਹ ਪਰਮਾਤਮਾ ਜੂਨਾਂ ਵਿਚ ਨਹੀਂ ਆਉਂਦਾ, ਹੁਣ ਭੀ ਮੌਜੂਦ ਹੈ ਅਗਾਂਹ ਨੂੰ ਮੌਜੂਦ ਰਹੇਗਾ, ਉਸ ਪ੍ਰਭੂ ਨੂੰ ਤੂੰ ਆਪਣੇ ਹਿਰਦੇ ਵਿਚ (ਵੱਸਦਾ) ਵੇਖ ॥੨॥
26143	598	ਜਨਮ ਮਰਨ ਕਉ ਇਹੁ ਜਗੁ ਬਪੁੜੋ ਇਨਿ ਦੂਜੈ ਭਗਤਿ ਵਿਸਾਰੀ ਜੀਉ॥	ਜੱਗੁ। ਬੱਪੁੜੋ	Janam Maran Ko Eihu Jag Bapurro Ein Dhoojai Bhagath Visaaree Jeeo ||	This wretched world is caught in birth and death; in the love of duality, it has forgotten devotional worship of the Lord.	ਇਹ ਭਾਗ-ਹੀਣ ਜਗਤ ਜਨਮ ਮਰਨ ਦਾ ਗੇੜ ਸਹੇੜ ਬੈਠਾ ਹੈ ਕਿਉਂਕਿ ਇਸ ਨੇ ਮਾਇਆ ਦੇ ਮੋਹ ਵਿਚ ਪੈ ਕੇ ਪਰਮਾਤਮਾ ਦੀ ਭਗਤੀ ਭੁਲਾ ਦਿੱਤੀ ਹੈ।

26144	598	ਸਤਿਗੁਰੁ ਮਿਲੈ ਤ ਗੁਰਮਤਿ ਪਾਈਐ ਸਾਕਤ ਬਾਜੀ ਹਾਰੀ ਜੀਉ॥੩॥		Sathigur Milai Th Guramath Paaeeai Saakath Baajee Haaree Jeeo ||3||	Meeting the True Guru, the Guru's Teachings are obtained; the faithless cynic loses the game of life. ||3||	ਜੇ ਸਤਿਗੁਰੂ ਮਿਲ ਪਏ ਤਾਂ ਗੁਰੂ ਦੇ ਉਪਦੇਸ਼ ਤੇ ਤੁਰਿਆਂ (ਪ੍ਰਭੂ ਦੀ ਭਗਤੀ) ਪ੍ਰਾਪਤ ਹੁੰਦੀ ਹੈ, ਪਰ ਮਾਇਆ-ਵੇੜ੍ਹੇ ਜੀਵ (ਭਗਤੀ ਤੋਂ ਖੁੰਝ ਕੇ ਮਨੁੱਖਾ ਜਨਮ ਦੀ) ਬਾਜ਼ੀ ਹਾਰ ਜਾਂਦੇ ਹਨ ॥੩॥
26145	598	ਸਤਿਗੁਰ ਬੰਧਨ ਤੋੜਿ ਨਿਰਾਰੇ ਬਹੁੜਿ ਨ ਗਰਭ ਮਝਾਰੀ ਜੀਉ॥		Sathigur Bandhhan Thorr Niraarae Bahurr N Garabh Majhaaree Jeeo ||	Breaking my bonds, the True Guru has set me free, and I shall not be cast into the womb of reincarnation again.	ਜਿਨ੍ਹਾਂ ਨੂੰ ਸਤਿਗੁਰੂ ਮਾਇਆ ਦੇ ਬੰਧਨ ਤੋੜ ਕੇ ਮਾਇਆ ਤੋਂ ਨਿਰਲੇਪ ਕਰ ਦੇਂਦਾ ਹੈਂ, ਉਹ ਮੁੜ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦੇ।
26146	598	ਨਾਨਕ ਗਿਆਨ ਰਤਨੁ ਪਰਗਾਸਿਆ ਹਰਿ ਮਨਿ ਵਸਿਆ ਨਿਰੰਕਾਰੀ ਜੀਉ॥੪॥੮॥		Naanak Giaan Rathan Paragaasiaa Har Man Vasiaa Nirankaaree Jeeo ||4||8||	O Nanak, the jewel of spiritual wisdom shines forth, and the Lord, the Formless Lord, dwells within my mind. ||4||8||	ਹੇ ਨਾਨਕ! ਜਿਨ੍ਹਾਂ ਦੇ ਅੰਦਰ (ਪਰਮਾਤਮਾ ਦੇ) ਗਿਆਨ ਦਾ ਰਤਨ ਚਮਕ ਪੈਂਦਾ ਹੈ, ਉਹਨਾਂ ਦੇ ਮਨ ਵਿਚ ਹਰੀ ਨਿਰੰਕਾਰ (ਆਪ) ਆ ਵੱਸਦਾ ਹੈ ॥੪॥੮॥
26147	598	ਸੋਰਠਿ ਮਹਲਾ ੧॥		Sorath Mehalaa 1 ||	Sorat'h, First Mehl:	

26148	598	ਜਿਸੁ ਜਲਨਿਧਿ ਕਾਰਣਿ ਤੁਮ ਜਗਿ ਆਏ ਸੋ ਅੰਮ੍ਰਿਤੁ ਗੁਰ ਪਾਹੀ ਜੀਉ॥	ਜੱਗਿ	Jis Jal Nidhh Kaaran Thum Jag Aaeae So Anmrith Gur Paahee Jeeo ||	The treasure of the Name, for which you have come into the world - that Ambrosial Nectar is with the Guru.	ਜਿਸ ਅੰਮ੍ਰਿਤ ਦੇ ਖ਼ਜ਼ਾਨੇ ਦੀ ਖ਼ਾਤਰ ਤੁਸੀਂ ਜਗਤ ਵਿਚ ਆਏ ਹੋ ਉਹ ਅੰਮ੍ਰਿਤ ਗੁਰੂ ਪਾਸੋਂ ਮਿਲਦਾ ਹੈ।
26149	598	ਛੋਡਹੁ ਵੇਸੁ ਭੇਖ ਚਤੁਰਾਈ ਦੁਬਿਧਾ ਇਹੁ ਫਲੁ ਨਾਹੀ ਜੀਉ॥੧॥		Shhoddahu Vaes Bhaekh Chathuraaee Dhubidhhaa Eihu Fal Naahee Jeeo ||1||	Renounce costumes, disguises and clever tricks; this fruit is not obtained by duplicity. ||1||	ਧਾਰਮਿਕ ਭੇਖ ਦਾ ਪਹਿਰਾਵਾ ਛੱਡੋ, ਮਨ ਦੀ ਚਲਾਕੀ ਵੀ ਛੱਡੋ, ਇਸ ਦੋ-ਰੁਖ਼ੀ ਚਾਲ ਵਿਚ ਪਿਆਂ ਇਹ ਅੰਮ੍ਰਿਤ-ਫਲ ਨਹੀਂ ਮਿਲ ਸਕਦਾ ॥੧॥
26150	598	ਮਨ ਰੇ ਥਿਰੁ ਰਹੁ ਮਤੁ ਕਤ ਜਾਹੀ ਜੀਉ॥	ਕਤ। ਪੋਲਾ ਬੋਲੋ	Man Rae Thhir Rahu Math Kath Jaahee Jeeo ||	O my mind, remain steady, and do not wander away.	ਹੇ ਮੇਰੇ ਮਨ! (ਅੰਦਰ ਹੀ ਪ੍ਰਭੂ-ਚਰਨਾਂ ਵਿਚ) ਟਿਕਿਆ ਰਹੁ, (ਵੇਖੀਂ, ਨਾਮ-ਅੰਮ੍ਰਿਤ ਦੀ ਭਾਲ ਵਿਚ) ਕਿਤੇ ਬਾਹਰ ਨਾਹ ਭਟਕਦਾ ਫਿਰੀਂ।
26151	598	ਬਾਹਰਿ ਢੂਢਤ ਬਹੁਤੁ ਦੁਖੁ ਪਾਵਹਿ ਘਰਿ ਅੰਮ੍ਰਿਤੁ ਘਟ ਮਾਹੀ ਜੀਉ॥ਰਹਾਉ॥		Baahar Dtoodtath Bahuth Dhukh Paavehi Ghar Anmrith Ghatt Maahee Jeeo || Rehaao ||	By searching around on the outside, you shall only suffer great pain; the Ambrosial Nectar is found within the home of your own being. ||Pause||	ਜੇ ਤੂੰ ਬਾਹਰ ਢੂੰਢਣ ਤੁਰ ਪਿਆ, ਤਾਂ ਬਹੁਤ ਦੁੱਖ ਪਾਏਂਗਾ। ਅਟੱਲ ਆਤਮਕ ਜੀਵਨ ਦੇਣ ਵਾਲਾ ਰਸ ਤੇਰੇ ਘਰ ਵਿਚ ਹੀ ਹੈ, ਹਿਰਦੇ ਵਿਚ ਹੀ ਹੈ। ਰਹਾਉ॥

26152	598	ਅਵਗੁਣ ਛੋਡਿ ਗੁਣਾ ਕਉ ਧਾਵਹੁ ਕਰਿ ਅਵਗੁਣ ਪਛੁਤਾਹੀ ਜੀਉ॥		Avagun Shhodd Gunaa Ko Dhhaavahu Kar Avagun Pashhuthaahee Jeeo ||	Renounce corruption, and seek virtue; committing sins, you shall only come to regret and repent.	ਔਗੁਣ ਛੱਡ ਕੇ ਗੁਣ ਹਾਸਲ ਕਰਨ ਦਾ ਜਤਨ ਕਰੋ। ਜੇ ਔਗੁਣ ਹੀ ਕਰਦੇ ਰਹੋਗੇ ਤਾਂ ਪਛੁਤਾਣਾ ਪਏਗਾ।
26153	598	ਸਰ ਅਪਸਰ ਕੀ ਸਾਰ ਨ ਜਾਣਹਿ ਫਿਰਿ ਫਿਰਿ ਕੀਚ ਬੁਡਾਹੀ ਜੀਉ॥੨॥	(ਸਰ)ਚੰਗੇ। (ਅਪ-ਸਰ)ਮੰਦੇ, ਮੋਹ ਰੂਪੀ।(ਕੀਚ) ਚਿੱਕੜ। ਆਪਣੇ ਆਪ ਨੂੰ (ਬੁਡਾਹੀ)ਡੁੱਬਾਉਂਦੇ ਹਨ	Sar Apasar Kee Saar N Jaanehi Fir Fir Keech Buddaahee Jeeo ||2||	You do not know the difference between good and evil; again and again, you sink into the mud. ||2||	(ਹੇ ਮਨ!) ਤੂੰ ਮੁੜ ਮੁੜ ਮੋਹ ਦੇ ਚਿੱਕੜ ਵਿਚ ਡੁੱਬ ਰਿਹਾ ਹੈਂ, ਤੂੰ ਚੰਗੇ ਮੰਦੇ ਦੀ ਪਰਖ ਕਰਨੀ ਨਹੀਂ ਜਾਣਦਾ ॥੨॥
26154	598	ਅੰਤਰਿ ਮੈਲੁ ਲੋਭ ਬਹੁ ਝੂਠੇ ਬਾਹਰਿ ਨਾਵਹੁ ਕਾਹੀ ਜੀਉ॥	ਨ੍ਹਾਵਹੁ	Anthar Mail Lobh Bahu Jhoothae Baahar Naavahu Kaahee Jeeo ||	Within you is the great filth of greed and falsehood; why do you bother to wash your body on the outside?	ਜੇ ਅੰਦਰ (ਮਨ ਵਿਚ) ਲੋਭ ਦੀ ਮੈਲ ਹੈ (ਤੇ ਲੋਭ-ਅਧੀਨ ਹੋ ਕੇ) ਕਈ ਠੱਗੀ ਦੇ ਕੰਮ ਕਰਦੇ ਹੋ, ਤਾਂ ਬਾਹਰ (ਤੀਰਥ ਆਦਿਕਾਂ ਤੇ) ਇਸ਼ਨਾਨ ਕਰਨ ਦਾ ਕੀਹ ਲਾਭ?
26155	598	ਨਿਰਮਲ ਨਾਮੁ ਜਪਹੁ ਸਦ ਗੁਰਮੁਖਿ ਅੰਤਰ ਕੀ ਗਤਿ ਤਾਹੀ ਜੀਉ॥੩॥		Niramal Naam Japahu Sadh Guramukh Anthar Kee Gath Thaahee Jeeo ||3||	Chant the Immaculate Naam, the Name of the Lord always, under Guru's Instruction; only then will your innermost being be emancipated. ||3||	ਅੰਦਰਲੀ ਉੱਚੀ ਅਵਸਥਾ ਤਦੋਂ ਹੀ ਬਣੇਗੀ, ਜੇ ਗੁਰੂ ਦੇ ਦੱਸੇ ਰਸਤੇ ਉਤੇ ਤੁਰ ਕੇ ਸਦਾ ਪ੍ਰਭੂ ਦਾ ਪਵਿਤ੍ਰ ਨਾਮ ਜਪੋਗੇ ॥੩॥

26156	598	ਪਰਹਰਿ ਲੋਭੁ ਨਿੰਦਾ ਕੂੜੁ ਤਿਆਗਹੁ ਸਚੁ ਗੁਰ ਬਚਨੀ ਫਲੁ ਪਾਹੀ ਜੀਉ॥		Parehar Lobh Nindhaa Koorr Thiaagahu Sach Gur Bachanee Fal Paahee Jeeo ||	Let greed and slander be far away from you, and renounce falsehood; through the True Word of the Guru's Shabad, you shall obtain the true fruit.	(ਹੇ ਮਨ!) ਲੋਭ ਛੱਡ, ਨਿੰਦਿਆ ਤੇ ਝੂਠ ਤਿਆਗ। ਗੁਰੂ ਦੇ ਬਚਨਾਂ ਤੇ ਤੁਰਿਆਂ ਹੀ ਸਦਾ-ਥਿਰ ਰਹਿਣ ਵਾਲਾ ਅੰਮ੍ਰਿਤ-ਫਲ ਮਿਲੇਗਾ।
26157	598	ਜਿਉ ਭਾਵੈ ਤਿਉ ਰਾਖਹੁ ਹਰਿ ਜੀਉ ਜਨ ਨਾਨਕ ਸਬਦਿ ਸਲਾਹੀ ਜੀਉ॥੪॥੯॥		Jio Bhaavai Thio Raakhahu Har Jeeo Jan Naanak Sabadh Salaahee Jeeo ||4||9||	As it pleases You, You preserve me, Dear Lord; servant Nanak sings the Praises of Your Shabad. ||4||9||	(ਪ੍ਰਭੂ) ਜੀਵ ਨੂੰ ਉਵੇਂ ਰਖਦਾ ਹੈ ਜਿਵੇਂ ਉਸ ਦੀ ਰਜ਼ਾ ਹੋਵੇ। ਦਾਸ ਨਾਨਕ ਸ਼ਬਦ ਵਿਚ ਜੁੜ ਕੇ ਤੇਰੀ ਸਿਫ਼ਤ-ਸਾਲਾਹ ਕਰਦਾ ਹੈ ॥੪॥੯॥
26158	598	ਸੋਰਠਿ ਮਹਲਾ ੧ ਪੰਚਪਦੇ॥		Sorath Mehalaa 1 Panchapadhae ||	Sorat'h, First Mehl, Panch-Padas:	
26159	598	ਅਪਨਾ ਘਰੁ ਮੂਸਤ ਰਾਖਿ ਨ ਸਾਕਹਿ ਕੀ ਪਰ ਘਰੁ ਜੋਹਨ ਲਾਗਾ॥	ਔਗੁਣਾਂ ਵਿਕਾਰਾਂ ਕਰਕੇ,(ਮੂਸਤ) ਲੁੱਟਿਆ ਜਾ ਰਿਹਾ ਹੈ। (ਘਰੁ) ਇਸਤ੍ਰੀ। ਮੰਦ ਕਰਮ ਕਰਨ ਲਈ। (ਜੋਹਨ) ਤੱਕਣ	Apanaa Ghar Moosath Raakh N Saakehi Kee Par Ghar Johan Laagaa ||	You cannot save your own home from being plundered; why do you spy on the houses of others?	(ਹੇ ਮਨ!) ਤੇਰਾ ਆਪਣਾ ਆਤਮਕ ਜੀਵਨ ਲੁੱਟਿਆ ਜਾ ਰਿਹਾ ਹੈ ਉਸ ਨੂੰ ਤੂੰ ਬਚਾ ਨਹੀਂ ਸਕਦਾ, ਪਰਾਏ ਐਬ ਕਿਉਂ ਫੋਲਦਾ ਫਿਰਦਾ ਹੈਂ?

26160	598	ਘਰੁ ਦਰੁ ਰਾਖਹਿ ਜੇ ਰਸੁ ਚਾਖਹਿ ਜੋ ਗੁਰਮੁਖਿ ਸੇਵਕੁ ਲਾਗਾ॥੧॥		Ghar Dhar Raakhehi Jae Ras Chaakhehi Jo Guramukh Saevak Laagaa ||1||	That Gurmukh who joins himself to the Guru's service, saves his own home, and tastes the Lord's Nectar. ||1||	ਆਪਣਾ ਘਰ ਬਾਰ (ਲੁੱਟੇ ਜਾਣ ਤੋਂ ਤਦੋਂ ਹੀ) ਬਚਾ ਸਕੇਂਗਾ ਜੇ ਤੂੰ ਪ੍ਰਭੂ ਦੇ ਨਾਮ ਦਾ ਸੁਆਦ ਚੱਖੇਂਗਾ (ਨਾਮ-ਰਸ ਉਹੀ) ਸੇਵਕ (ਚੱਖਦਾ ਹੈ) ਜੋ ਗੁਰੂ ਦੇ ਸਨਮੁਖ ਰਹਿ ਕੇ (ਸੇਵਾ ਵਿਚ) ਲੱਗਦਾ ਹੈ ॥੧॥
26161	598	ਮਨ ਰੇ ਸਮਝੁ ਕਵਨ ਮਤਿ ਲਾਗਾ॥		Man Rae Samajh Kavan Math Laagaa ||	O mind, you must realize what your intellect is focused on.	ਹੇ ਮਨ! ਹੋਸ਼ ਕਰ, ਕਿਸ ਭੈੜੀ ਮਤ ਵਿਚ ਲਗ ਪਿਆ ਹੈਂ?
26162	598	ਨਾਮੁ ਵਿਸਾਰਿ ਅਨ ਰਸ ਲੋਭਾਨੇ ਫਿਰਿ ਪਛੁਤਾਹਿ ਅਭਾਗਾ॥ਰਹਾਉ॥		Naam Visaar An Ras Lobhaanae Fir Pashhuthaahi Abhaagaa || Rehaao ||	Forgetting the Naam, the Name of the Lord, one is involved with other tastes; the unfortunate wretch shall come to regret it in the end. ||Pause||	ਹੇ ਭਾਗ-ਹੀਣ! ਪਰਮਾਤਮਾ ਦਾ ਨਾਮ ਭੁਲਾ ਕੇ ਹੋਰ ਹੋਰ ਸੁਆਦਾਂ ਵਿਚ ਮਸਤ ਹੋ ਰਿਹਾ ਹੈਂ, (ਵੇਲਾ ਬੀਤ ਜਾਣ ਤੇ) ਫਿਰ ਪਛਤਾਵੇਂਗਾ। ਰਹਾਉ॥
26163	598	ਆਵਤ ਕਉ ਹਰਖ ਜਾਤ ਕਉ ਰੋਵਹਿ ਇਹੁ ਦੁਖੁ ਸੁਖੁ ਨਾਲੇ ਲਾਗਾ॥		Aavath Ko Harakh Jaath Ko Rovehi Eihu Dhukh Sukh Naalae Laagaa ||	When things come, he is pleased, but when they go, he weeps and wails; this pain and pleasure remains attached to him.	(ਹੇ ਮਨ!) ਤੂੰ ਆਉਂਦੇ ਧਨ ਨੂੰ ਵੇਖ ਕੇ ਖ਼ੁਸ਼ ਹੁੰਦਾ ਹੈਂ, ਜਾਂਦੇ ਨੂੰ ਵੇਖ ਕੇ ਰੋਂਦਾ ਹੈਂ, ਇਹ ਦੁੱਖ ਤੇ ਸੁਖ ਤਾਂ ਤੇਰੇ ਨਾਲ ਹੀ ਚੰਬੜਿਆ ਚਲਿਆ ਆ ਰਿਹਾ ਹੈ।

26164	598	ਆਪੇ ਦੁਖ ਸੁਖ ਭੋਗਿ ਭੋਗਾਵੈ ਗੁਰਮੁਖਿ ਸੋ ਅਨਰਾਗਾ॥੨॥	(ਅਨਰਾਗਾ)ਪ੍ਰੇਮ	Aapae Dhukh Sukh Bhog Bhogaavai Guramukh So Anaraagaa ||2||	The Lord Himself causes him to enjoy pleasure and endure pain; the Gurmukh, however, remains unaffected. ||2||	(ਪਰ ਜੀਵ ਕੀਹ ਵੱਸ?) ਪ੍ਰਭੂ ਆਪ ਹੀ (ਜੀਵ ਨੂੰ ਉਸ ਦੇ ਕੀਤੇ ਕਰਮਾਂ ਅਨੁਸਾਰ) ਦੁੱਖਾਂ ਤੇ ਸੁਖਾਂ ਦੇ ਭੋਗ ਵਿਚ ਰੁਝਾ ਕੇ (ਦੁੱਖ ਸੁਖ) ਭੋਗਾਂਦਾ ਹੈ। (ਸਿਰਫ਼) ਉਹ ਨਿਰਮੋਹ ਰਹਿੰਦਾ ਹੈ ਜੋ ਗੁਰੂ ਦੇ ਦੱਸੇ ਰਸਤੇ ਉਤੇ ਤੁਰਦਾ ਹੈ ॥੨॥
26165	598	ਹਰਿ ਰਸ ਊਪਰਿ ਅਵਰੁ ਕਿਆ ਕਹੀਐ ਜਿਨਿ ਪੀਆ ਸੋ ਤ੍ਰਿਪਤਾਗਾ॥		Har Ras Oopar Avar Kiaa Keheeai Jin Peeaa So Thripathaagaa ||	What else can be said to be above the subtle essence of the Lord? One who drinks it in is satisfied and satiated.	(ਹੇ ਮਨ!) ਪਰਮਾਤਮਾ ਦੇ ਨਾਮ ਦੇ ਰਸ ਤੋਂ ਵਧੀਆ ਹੋਰ ਕੋਈ ਰਸ ਕਿਹਾ ਨਹੀਂ ਜਾ ਸਕਦਾ। ਜਿਸ ਨੇ ਇਹ ਰਸ ਪੀਤਾ ਹੈ ਉਹ (ਦੁਨੀਆ ਦੇ ਹੋਰ ਰਸਾਂ ਵਲੋਂ) ਰੱਜ ਜਾਂਦਾ ਹੈ।
26166	598	ਮਾਇਆ ਮੋਹਿਤ ਜਿਨਿ ਇਹੁ ਰਸੁ ਖੋਇਆ ਜਾ ਸਾਕਤ ਦੁਰਮਤਿ ਲਾਗਾ॥੩॥	ਦੁਰ-ਮੱਤਿ	Maaeiaa Mohith Jin Eihu Ras Khoeiaa Jaa Saakath Dhuramath Laagaa ||3||	One who is lured by Maya loses this juice; that faithless cynic is tied to his evil-mindedness. ||3||	ਪਰ ਜਿਸ ਮਨੁੱਖ ਨੇ ਮਾਇਆ ਦੇ ਮੋਹ ਵਿਚ ਫਸ ਕੇ ਇਹ (ਨਾਮ-) ਰਸ ਗਵਾ ਲਿਆ ਹੈ ਉਹ ਮਾਇਆ-ਵੇੜ੍ਹੇ ਬੰਦਿਆਂ ਦੀ ਭੈੜੀ ਮੱਤ ਵਿਚ ਜਾ ਲੱਗਦਾ ਹੈ ॥੩॥
26167	598	ਮਨ ਕਾ ਜੀਉ ਪਵਨਪਤਿ ਦੇਹੀ ਦੇਹੀ ਮਹਿ ਦੇਉ ਸਮਾਗਾ॥	(ਜੀਉ) ਆਸਰਾ। (ਪਵਨਪਤਿ) ਪ੍ਰਾਣਾਂ ਦਾ ਮਾਲਕ। (ਸਮਾਗਾ) ਸਮਾਏ	Man Kaa Jeeo Pavanapath Dhaehee Dhaehee Mehi Dhaeo Samaagaa ||	The Lord is the life of the mind, the Master of the breath of life; the Divine Lord is contained in the body.	ਜੋ ਪ੍ਰਕਾਸ਼-ਰੂਪ ਪਰਮਾਤਮਾ ਸਾਡੇ ਮਨ ਦਾ ਸਹਾਰਾ ਹੈ, ਪ੍ਰਾਣਾਂ ਦਾ ਮਾਲਕ ਹੈ, ਸਰੀਰ ਦਾ ਮਾਲਕ ਹੈ ਉਹ ਸਾਡੇ ਸਰੀਰ ਵਿਚ ਹੀ ਮੌਜੂਦ ਹੈ।

26168	598	ਜੇ ਤੂ ਦੇਹਿ ਤ ਹਰਿ ਰਸੁ ਗਾਈ ਮਨੁ ਤ੍ਰਿਪਤੈ ਹਰਿ ਲਿਵ ਲਾਗਾ॥੪॥		Jae Thoo Dhaehi Th Har Ras Gaaee Man Thripathai Har Liv Laagaa ||4||	If You so bless us, Lord, then we sing Your Praises; the mind is satisfied and fulfilled, lovingly attached to the Lord. ||4||	ਹੇ ਪ੍ਰਭੂ! ਜੇ ਤੂੰ ਆਪ ਮੈਨੂੰ ਆਪਣੇ ਨਾਮ ਦਾ ਰਸ ਬਖ਼ਸ਼ੇਂ ਤਾਂ ਹੀ ਮੈਂ ਤੇਰੇ ਗੁਣ ਗਾ ਸਕਦਾ ਹਾਂ। ਜਿਸ ਮਨੁੱਖ ਦੀ ਸੁਰਤ ਹਰੀ-ਸਿਮਰਨ ਵਿਚ ਜੁੜਦੀ ਹੈ ਉਸ ਦਾ ਮਨ ਮਾਇਆ ਵਲੋਂ ਰੱਜ ਜਾਂਦਾ ਹੈ ॥੪॥
26169	598	ਸਾਧਸੰਗਤਿ ਮਹਿ ਹਰਿ ਰਸੁ ਪਾਈਐ ਗੁਰਿ ਮਿਲਿਐ ਜਮ ਭਉ ਭਾਗਾ॥		Saadhhasangath Mehi Har Ras Paaeeai Gur Miliai Jam Bho Bhaagaa ||	In the Saadh Sangat, the Company of the Holy, the subtle essence of the Lord is obtained; meeting the Guru, the fear of death departs.	ਹੇ ਨਾਨਕ! ਸਾਧ ਸੰਗਤ ਵਿਚ ਹੀ ਪਰਮਾਤਮਾ ਦੇ ਨਾਮ ਦਾ ਰਸ ਪ੍ਰਾਪਤ ਹੋ ਸਕਦਾ ਹੈ (ਸਾਧ ਸੰਗਤ ਵਿਚ) ਜੇ ਗੁਰੂ ਮਿਲ ਪਏ ਤਾਂ ਮੌਤ ਦਾ (ਭੀ) ਡਰ ਦੂਰ ਹੋ ਜਾਂਦਾ ਹੈ।
26170	598	ਨਾਨਕ ਰਾਮ ਨਾਮੁ ਜਪਿ ਗੁਰਮੁਖਿ ਹਰਿ ਪਾਏ ਮਸਤਕਿ ਭਾਗਾ॥੫॥੧੦॥		Naanak Raam Naam Jap Guramukh Har Paaeae Masathak Bhaagaa ||5||10||	O Nanak, chant the Name of the Lord, as Gurmukh; you shall obtain the Lord, and realize your pre-ordained destiny. ||5||10||	ਜਿਸ ਮਨੁੱਖ ਦੇ ਮੱਥੇ ਉਤੇ ਚੰਗਾ ਲੇਖ ਉੱਘੜ ਪਏ, ਉਹ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਪਰਮਾਤਮਾ ਦਾ ਨਾਮ ਸਿਮਰ ਕੇ ਪਰਮਾਤਮਾ ਨਾਲ ਮਿਲਾਪ ਹਾਸਲ ਕਰ ਲੈਂਦਾ ਹੈ ॥੫॥੧੦॥
26171	598	ਸੋਰਠਿ ਮਹਲਾ ੧॥		Sorath Mehalaa 1 ||	Sorat'h, First Mehl:	

26172	598	ਸਰਬ ਜੀਆ ਸਿਰਿ ਲੇਖੁ ਧੁਰਾਹੂ ਬਿਨੁ ਲੇਖੈ ਨਹੀ ਕੋਈ ਜੀਉ॥		Sarab Jeeaa Sir Laekh Dhhuraahoo Bin Laekhai Nehee Koee Jeeo ||	Destiny, pre-ordained by the Lord, looms over the heads of all beings; no one is without this pre-ordained destiny.	ਧੁਰੋਂ (ਪਰਮਾਤਮਾ ਦੀ ਰਜ਼ਾ ਅਨੁਸਾਰ) ਹੀ ਸਭ ਜੀਵਾਂ ਦੇ ਮੱਥੇ ਉਤੇ (ਆਪੋ ਆਪਣੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ) ਲੇਖ (ਉੱਕਰਿਆ ਪਿਆ) ਹੈ। ਕੋਈ ਜੀਵ ਐਸਾ ਨਹੀਂ ਹੈ ਜਿਸ ਉਤੇ ਇਸ ਲੇਖ ਦਾ ਪ੍ਰਭਾਵ ਨਾਹ ਹੋਵੇ।
26173	598	ਆਪਿ ਅਲੇਖੁ ਕੁਦਰਤਿ ਕਰਿ ਦੇਖੈ ਹੁਕਮਿ ਚਲਾਏ ਸੋਈ ਜੀਉ॥੧॥		Aap Alaekh Kudharath Kar Dhaekhai Hukam Chalaaeae Soee Jeeo ||1||	Only He Himself is beyond destiny; creating the creation by His creative power, He beholds it, and causes His Command to be followed. ||1||	ਸਿਰਫ਼ ਪਰਮਾਤਮਾ ਆਪ ਇਸ (ਕਰਮ-) ਲੇਖ ਤੋਂ ਸੁਤੰਤ੍ਰ ਹੈ ਜੋ ਇਸ ਕੁਦਰਤਿ ਨੂੰ ਰਚ ਕੇ ਇਸ ਦੀ ਸੰਭਾਲ ਕਰਦਾ ਹੈ, ਤੇ ਆਪਣੇ ਹੁਕਮ ਵਿਚ (ਜਗਤ-ਕਾਰ) ਚਲਾ ਰਿਹਾ ਹੈ ॥੧॥
26174	598	ਮਨ ਰੇ ਰਾਮ ਜਪਹੁ ਸੁਖੁ ਹੋਈ॥		Man Rae Raam Japahu Sukh Hoee ||	O mind, chant the Name of the Lord, and be at peace.	ਹੇ ਮੇਰੇ ਮਨ! ਸਦਾ ਰਾਮ (ਪ੍ਰਭੂ) ਦਾ ਨਾਮ ਜਪੋ, (ਨਾਮ ਜਪਣ ਨਾਲ) ਆਤਮਕ ਸੁਖ ਮਿਲੇਗਾ।
26175	598	ਅਹਿ ਨਿਸਿ ਗੁਰ ਕੇ ਚਰਨ ਸਰੇਵਹੁ ਹਰਿ ਦਾਤਾ ਭੁਗਤਾ ਸੋਈ॥ਰਹਾਉ॥		Ahinis Gur Kae Charan Saraevahu Har Dhaathaa Bhugathaa Soee || Rehaao ||	Day and night, serve at the Guru's feet; the Lord is the Giver, and the Enjoyer. ||Pause||	ਦਿਨ ਰਾਤ ਉਸ ਸਭ ਤੋਂ ਵੱਡੇ ਮਾਲਕ ਦੇ ਚਰਨਾਂ ਦਾ ਧਿਆਨ ਧਰੋ, ਉਹ ਹਰੀ (ਆਪ ਹੀ ਸਭ ਜੀਵਾਂ ਨੂੰ ਦਾਤਾਂ) ਦੇਣ ਵਾਲਾ ਹੈ, (ਆਪ ਹੀ ਸਭ ਵਿਚ ਵਿਆਪਕ ਹੋ ਕੇ) ਭੋਗਣ ਵਾਲਾ ਹੈ। ਰਹਾਉ॥

26176	599	ਜੋ ਅੰਤਰਿ ਸੋ ਬਾਹਰਿ ਦੇਖਹੁ ਅਵਰੁ ਨ ਦੂਜਾ ਕੋਈ ਜੀਉ॥		Jo Anthar So Baahar Dhaekhahu Avar N Dhoojaa Koee Jeeo ||	He is within - see Him outside as well; there is no one, other than Him.	(ਹੇ ਮੇਰੇ ਮਨ!) ਜੇਹੜਾ ਪ੍ਰਭੂ ਤੇਰੇ ਅੰਦਰ ਵੱਸ ਰਿਹਾ ਹੈ ਉਸ ਨੂੰ ਬਾਹਰ (ਸਾਰੀ ਕੁਦਰਤਿ ਵਿਚ) ਵੇਖ, ਉਸ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ ਹੈ।
26177	599	ਗੁਰਮੁਖਿ ਏਕ ਦ੍ਰਿਸਟਿ ਕਰਿ ਦੇਖਹੁ ਘਟਿ ਘਟਿ ਜੋਤਿ ਸਮੋਈ ਜੀਉ॥੨॥		Guramukh Eaek Dhrisatt Kar Dhaekhahu Ghatt Ghatt Joth Samoee Jeeo ||2||	As Gurmukh, look upon all with the single eye of equality; in each and every heart, the Divine Light is contained. ||2||	ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਉਸ ਇੱਕ ਨੂੰ ਵੇਖਣ ਵਾਲੀ ਨਜ਼ਰ ਬਣਾ (ਫਿਰ ਤੈਨੂੰ ਦਿੱਸ ਪਏਗਾ ਕਿ) ਹਰੇਕ ਸਰੀਰ ਵਿਚ ਪਰਮਾਤਮਾ ਦੀ ਹੀ ਜੋਤਿ ਮੌਜੂਦ ਹੈ ॥੨॥
26178	599	ਚਲਤੋ ਠਾਕਿ ਰਖਹੁ ਘਰਿ ਅਪਨੈ ਗੁਰ ਮਿਲਿਐ ਇਹ ਮਤਿ ਹੋਈ ਜੀਉ॥		Chalatha Thaak Rakhahu Ghar Apanai Gur Miliai Eih Math Hoee Jeeo ||	Restrain your fickle mind, and keep it steady within its own home; meeting the Guru, this understanding is obtained.	ਇਸ (ਬਾਹਰ) ਭਟਕਦੇ (ਮਨ) ਨੂੰ ਰੋਕ ਕੇ ਆਪਣੇ ਅੰਦਰ (ਵੱਸਦੇ ਪ੍ਰਭੂ ਵਿਚ) ਹੀ ਟਿਕਾ ਰੱਖ। ਪਰ ਗੁਰੂ ਨੂੰ ਮਿਲਿਆਂ ਹੀ ਇਹ ਅਕਲ ਆਉਂਦੀ ਹੈ।

26179	599	ਦੇਖਿ ਅਦ੍ਰਿਸਟੁ ਰਹਉ ਬਿਸਮਾਦੀ ਦੁਖੁ ਬਿਸਰੈ ਸੁਖੁ ਹੋਈ ਜੀਉ॥੩॥		Dhaekh Adhrisatt Reho Bisamaadhee Dhukh Bisarai Sukh Hoee Jeeo ||3||	Seeing the unseen Lord, you shall be amazed and delighted; forgetting your pain, you shall be at peace. ||3||	ਮੈਂ ਤਾਂ (ਗੁਰੂ ਦੀ ਕਿਰਪਾ ਨਾਲ) ਉਸ ਅਦ੍ਰਿਸ਼ਟ ਪ੍ਰਭੂ ਨੂੰ (ਸਭ ਵਿਚ ਵੱਸਦਾ) ਵੇਖ ਕੇ ਵਿਸਮਾਦ ਅਵਸਥਾ ਵਿਚ ਅੱਪੜ ਜਾਂਦਾ ਹਾਂ। (ਜੇਹੜਾ ਭੀ ਇਹ ਦੀਦਾਰ ਕਰਦਾ ਹੈ, ਉਸ ਦਾ) ਦੁੱਖ ਮਿਟ ਜਾਂਦਾ ਹੈ ਉਸ ਨੂੰ ਆਤਮਕ ਆਨੰਦ ਮਿਲ ਜਾਂਦਾ ਹੈ ॥੩॥
26180	599	ਪੀਵਹੁ ਅਪਿਉ ਪਰਮ ਸੁਖੁ ਪਾਈਐ ਨਿਜ ਘਰਿ ਵਾਸਾ ਹੋਈ ਜੀਉ॥		Peevahu Apio Param Sukh Paaeeai Nij Ghar Vaasaa Hoee Jeeo ||	Drinking in the ambrosial nectar, you shall attain the highest bliss, and dwell within the home of your own self.	ਅਟੱਲ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਉ, (ਇਹ ਨਾਮ-ਰਸ ਪੀਤਿਆਂ) ਸਭ ਤੋਂ ਉੱਚਾ ਆਤਮਕ ਆਨੰਦ ਮਿਲਦਾ ਹੈ, ਅਤੇ ਆਪਣੇ ਘਰ ਵਿਚ ਟਿਕਾਣਾ ਹੋ ਜਾਂਦਾ ਹੈ (ਭਾਵ, ਸੁਖਾਂ ਦੀ ਖ਼ਾਤਰ ਮਨ ਬਾਹਰ ਭਟਕਣੋਂ ਹਟ ਜਾਂਦਾ ਹੈ)।
26181	599	ਜਨਮ ਮਰਣ ਭਵ ਭੰਜਨੁ ਗਾਈਐ ਪੁਨਰਪਿ ਜਨਮੁ ਨ ਹੋਈ ਜੀਉ॥੪॥		Janam Maran Bhav Bhanjan Gaaeeai Punarap Janam N Hoee Jeeo ||4||	So sing the Praises of the Lord, the Destroyer of the fear of birth and death, and you shall not be reincarnated again. ||4||	ਜਨਮ ਮਰਨ ਦਾ ਚੱਕ੍ਰ ਨਾਸ ਕਰਨ ਵਾਲੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ, (ਇਸ ਤਰ੍ਹਾਂ) ਮੁੜ ਮੁੜ ਜਨਮ (ਮਰਨ) ਨਹੀਂ ਹੁੰਦਾ ॥੪॥

26182	599	ਤਤੁ ਨਿਰੰਜਨੁ ਜੋਤਿ ਸਬਾਈ ਸੋ ਹੰ ਭੇਦੁ ਨ ਕੋਈ ਜੀਉ॥	(ਹੰ) ਜੀਵ। (ਸੋ)ਉਹ ਬ੍ਰਹਮ	Thath Niranjan Joth Sabaaee Sohan Bhaedh N Koee Jeeo ||	The essence, the immaculate Lord, the Light of all - I am He and He is me - there is no difference between us.	ਪਰਮਾਤਮਾ ਸਾਰੇ ਜਗਤ ਦਾ ਅਸਲਾ ਹੈ (ਆਪ) ਮਾਇਆ ਦੇ ਪ੍ਰਭਾਵ ਤੋਂ ਰਹਿਤ ਹੈ, ਪ੍ਰਭੂ ਪਾਰਬ੍ਰਹਮ ਪਰੇ ਤੋਂ ਪਰੇ ਹੈ ਸਭ ਤੋਂ ਵੱਡਾ ਮਾਲਕ ਹੈ।
26183	599	ਅਪਰੰਪਰ ਪਾਰਬ੍ਰਹਮੁ ਪਰਮੇਸਰੁ ਨਾਨਕ ਗੁਰੁ ਮਿਲਿਆ ਸੋਈ ਜੀਉ॥੫॥੧੧॥	ਅਪ-ਰੰਪਰ	Aparanpar Paarabreham Paramaesar Naanak Gur Miliaa Soee Jeeo ||5||11||	The Infinite Transcendent Lord, the Supreme Lord God - Nanak has met with Him, the Guru. ||5||11||	ਹੇ ਨਾਨਕ! ਜੋ ਮਨੁੱਖ ਗੁਰੂ ਨੂੰ ਮਿਲ ਪੈਂਦਾ ਹੈ ਉਸ ਨੂੰ (ਇਹ ਦਿੱਸ ਪੈਂਦਾ ਹੈ ਕਿ) ਉਸ ਪ੍ਰਭੂ ਦੀ ਜੋਤਿ ਹਰ ਥਾਂ ਸੋਭ ਰਹੀ ਹੈ (ਤੇ ਉਸ ਦੀ ਵਿਆਪਕਤਾ ਵਿਚ ਕਿਤੇ) ਕੋਈ ਵਿੱਥ ਵਿਤਕਰਾ ਨਹੀਂ ਹੈ ॥੫॥੧੧॥
26184	599	ਸੋਰਠਿ ਮਹਲਾ ੧ ਘਰੁ ੩		Sorath Mehalaa 1 Ghar 3	Sorat'h, First Mehl, Third House:	ਰਾਗ ਸੋਰਠਿ, ਘਰ ੩ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
26185	599	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
26186	599	ਜਾ ਤਿਸੁ ਭਾਵਾ ਤਦ ਹੀ ਗਾਵਾ॥		Jaa This Bhaavaa Thadh Hee Gaavaa ||	When I am pleasing to Him, then I sing His Praises.	(ਹੇ ਮੇਰੇ ਮਨ!) ਜਦੋਂ ਮੈਂ ਉਸ ਪ੍ਰਭੂ ਨੂੰ ਚੰਗਾ ਲੱਗਦਾ ਹਾਂ (ਭਾਵ, ਜਦੋਂ ਉਹ ਮੇਰੇ ਉਤੇ ਖ਼ੁਸ਼ ਹੁੰਦਾ ਹੈ) ਤਦੋਂ ਹੀ ਮੈਂ ਉਸ ਦੀ ਸਿਫ਼ਤ-ਸਾਲਾਹ ਕਰ ਸਕਦਾ ਹਾਂ,

26187	599	ਤਾ ਗਾਵੇ ਕਾ ਫਲੁ ਪਾਵਾ॥		Thaa Gaavae Kaa Fal Paavaa ||	Singing His Praises, I receive the fruits of my rewards.	ਤਦੋਂ ਹੀ (ਭਾਵ, ਉਸ ਦੀ ਮੇਹਰ ਨਾਲ ਹੀ) ਮੈਂ ਸਿਫ਼ਤ-ਸਾਲਾਹ ਕਰਨ ਦਾ ਫਲ ਪ੍ਰਾਪਤ ਕਰ ਸਕਦਾ ਹਾਂ।
26188	599	ਗਾਵੇ ਕਾ ਫਲੁ ਹੋਈ॥		Gaavae Kaa Fal Hoee ||	The rewards of singing His Praises	ਸਿਫ਼ਤ-ਸਾਲਾਹ ਕਰਨ ਦਾ ਜੋ ਫਲ ਹੈ (ਕਿ ਸਦਾ ਉਸ ਦੇ ਚਰਨਾਂ ਵਿਚ ਲੀਨ ਰਹਿ ਸਕੀਦਾ ਹੈ, ਇਹ ਭੀ ਤਦੋਂ ਹੀ ਮਿਲਦਾ ਹੈ)
26189	599	ਜਾ ਆਪੇ ਦੇਵੈ ਸੋਈ॥੧॥		Jaa Aapae Dhaevai Soee ||1||	Are obtained when He Himself gives them. ||1||	ਜਦੋਂ ਉਹ ਪ੍ਰਭੂ ਆਪ ਹੀ ਦੇਂਦਾ ਹੈ ॥੧॥
26190	599	ਮਨ ਮੇਰੇ ਗੁਰ ਬਚਨੀ ਨਿਧਿ ਪਾਈ॥		Man Maerae Gur Bachanee Nidhh Paaee ||	O my mind, through the Word of the Guru's Shabad, the treasure is obtained;	ਹੇ ਮੇਰੇ ਮਨ! ਜਿਸ ਮਨੁਖ ਨੇ ਗੁਰੂ ਦੇ ਬਚਨਾਂ ਤੇ ਤੁਰ ਕੇ (ਸਿਫ਼ਤ-ਸਾਲਾਹ ਦਾ) ਖ਼ਜ਼ਾਨਾ ਲੱਭ ਲਿਆ,
26191	599	ਤਾ ਤੇ ਸਚ ਮਹਿ ਰਹਿਆ ਸਮਾਈ॥ਰਹਾਉ॥		Thaa Thae Sach Mehi Rehiaa Samaaee || Rehaao ||	This is why I remain immersed in the True Name. ||Pause||	ਉਹ ਉਸ (ਖ਼ਜ਼ਾਨੇ) ਦੀ ਬਰਕਤਿ ਨਾਲ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਸਦਾ ਟਿਕਿਆ ਰਹਿੰਦਾ ਹੈ। ਰਹਾਉ॥
26192	599	ਗੁਰ ਸਾਖੀ ਅੰਤਰਿ ਜਾਗੀ॥	(ਸਾਖੀ) ਸਿੱਖਿਆ	Gur Saakhee Anthar Jaagee ||	When I awoke within myself to the Guru's Teachings,	ਜਦੋਂ ਜਿਸ ਮਨੁੱਖ ਦੇ ਅੰਦਰ ਸਤਿਗੁਰੂ ਦੀ (ਸਿਫ਼ਤ-ਸਾਲਾਹ ਕਰਨ ਦੀ ਸਿੱਖਿਆ ਦੀ) ਜੋਤਿ ਜਗ ਪੈਂਦੀ ਹੈ,
26193	599	ਤਾ ਚੰਚਲ ਮਤਿ ਤਿਆਗੀ॥		Thaa Chanchal Math Thiaagee ||	Then I renounced my fickle intellect.	ਤਦੋਂ ਉਹ ਮਨੁੱਖ ਉਹ ਮੱਤ ਛੱਡ ਦੇਂਦਾ ਹੈ ਜੋ ਮਾਇਆ ਪਿਛੇ ਭਟਕਣ ਵਲ ਪਾਈ ਰੱਖਦੀ ਹੈ।

26194	599	ਗੁਰ ਸਾਖੀ ਕਾ ਉਜੀਆਰਾ॥	ਉਜੀ-ਆਰਾ	Gur Saakhee Kaa Oujeeaaraa ||	When the Light of the Guru's Teachings dawned,	ਜਦੋਂ (ਮਨੁੱਖ ਦੇ ਅੰਦਰ) ਗੁਰੂ ਦੇ ਉਪਦੇਸ਼ ਦਾ (ਆਤਮਕ) ਚਾਨਣ ਹੁੰਦਾ ਹੈ,
26195	599	ਤਾ ਮਿਟਿਆ ਸਗਲ ਅੰਧ੍ਯਾਰਾ॥੨॥	ਅੰਧਿਆਰਾ	Thaa Mittiaa Sagal Andhhyaaraa ||2||	And then all darkness was dispelled. ||2||	ਤਦੋਂ ਉਸ ਦੇ ਅੰਦਰੋਂ (ਅਗਿਆਨਤਾ ਵਾਲਾ) ਸਾਰਾ ਹਨੇਰਾ ਦੂਰ ਹੋ ਜਾਂਦਾ ਹੈ ॥੨॥
26196	599	ਗੁਰ ਚਰਨੀ ਮਨੁ ਲਾਗਾ॥		Gur Charanee Man Laagaa ||	When the mind is attached to the Guru's Feet,	ਜਦੋਂ ਜਿਸ ਮਨੁੱਖ ਦਾ ਮਨ ਗੁਰੂ ਦੇ ਚਰਨਾਂ ਵਿਚ ਜੁੜਦਾ ਹੈ,
26197	599	ਤਾ ਜਮ ਕਾ ਮਾਰਗੁ ਭਾਗਾ॥		Thaa Jam Kaa Maarag Bhaagaa ||	Then the Path of Death recedes.	ਤਦੋਂ ਉਸ ਮਨੁੱਖ ਦਾ ਉਹ ਜੀਵਨ-ਰਸਤਾ ਖ਼ਤਮ ਹੋ ਜਾਂਦਾ ਹੈ ਜਿਸ ਤੇ ਤੁਰਿਆਂ ਆਤਮਕ ਮੌਤ ਹੋ ਰਹੀ ਸੀ।
26198	599	ਭੈ ਵਿਚਿ ਨਿਰਭਉ ਪਾਇਆ॥		Bhai Vich Nirabho Paaeiaa ||	Through the Fear of God, one attains the Fearless Lord;	ਪਰਮਾਤਮਾ ਦੇ ਡਰ-ਅਦਬ ਵਿਚ ਰਹਿ ਕੇ ਜਦੋਂ ਮਨੁੱਖ ਨਿਰਭਉ ਪ੍ਰਭੂ ਨਾਲ ਮਿਲਾਪ ਹਾਸਲ ਕਰਦਾ ਹੈ,
26199	599	ਤਾ ਸਹਜੈ ਕੈ ਘਰਿ ਆਇਆ॥੩॥		Thaa Sehajai Kai Ghar Aaeiaa ||3||	Then, one enters the home of celestial bliss. ||3||	ਤਦੋਂ ਉਹ ਅਡੋਲ ਆਤਮਕ ਅਵਸਥਾ ਦੇ ਘਰ ਵਿਚ ਟਿਕ ਜਾਂਦਾ ਹੈ ॥੩॥
26200	599	ਭਣਤਿ ਨਾਨਕੁ ਬੂਝੈ ਕੋ ਬੀਚਾਰੀ॥	ਬੁੱਝੈ	Bhanath Naanak Boojhai Ko Beechaaree ||	Prays Nanak, how rare are those who reflect and understand,	ਪਰ, ਨਾਨਕ ਆਖਦਾ ਹੈ ਕਿ ਕੋਈ ਵਿਰਲਾ ਵਿਚਾਰਵਾਨ ਹੀ ਸਮਝਦਾ ਹੈ,

26201	599	ਇਸੁ ਜਗ ਮਹਿ ਕਰਣੀ ਸਾਰੀ॥		Eis Jag Mehi Karanee Saaree ||	The most sublime action in this world.	ਕਿ ਇਸ ਜ਼ਿੰਦਗੀ ਵਿਚ (ਪਰਮਾਤਮਾ ਦੀ ਸਿਫ਼ਤ ਹੀ) ਸ੍ਰੇਸ਼ਟ ਕਰਨ-ਜੋਗ ਕੰਮ ਹੈ।
26202	599	ਕਰਣੀ ਕੀਰਤਿ ਹੋਈ॥		Karanee Keerath Hoee ||	The noblest deed is to sing the Lord's Praises,	ਸਿਫ਼ਤ-ਸਾਲਾਹ ਦੀ (ਸ੍ਰੇਸ਼ਟ) ਕਾਰ ਉਦੋਂ ਮਿਲ ਜਾਂਦੀ ਹੈ,
26203	599	ਜਾ ਆਪੇ ਮਿਲਿਆ ਸੋਈ॥੪॥੧॥੧੨॥		Jaa Aapae Miliaa Soee ||4||1||12||	And so meet the Lord Himself. ||4||1||12||	ਜਦੋਂ ਪ੍ਰਭੂ ਆਪ (ਮੇਹਰ ਕਰ ਕੇ ਜੀਵ ਦੇ ਹਿਰਦੇ ਵਿਚ) ਪਰਗਟ ਹੁੰਦਾ ਹੈ ॥੪॥੧॥੧੨॥
26204	599	ਸੋਰਠਿ ਮਹਲਾ ੩ ਘਰੁ ੧		Sorath Mehalaa 3 Ghar 1	Sorat'h, Third Mehl, First House:	ਰਾਗ ਸੋਰਠਿ, ਘਰ ੧ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।
26205	599	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
26206	599	ਸੇਵਕ ਸੇਵ ਕਰਹਿ ਸਭਿ ਤੇਰੀ ਜਿਨ ਸਬਦੈ ਸਾਦੁ ਆਇਆ॥		Saevak Saev Karehi Sabh Thaeree Jin Sabadhai Saadh Aaeiaa ||	All of Your servants, who relish the Word of Your Shabad, serve You.	ਹੇ ਪ੍ਰਭੂ! ਤੇਰੇ ਜਿਨ੍ਹਾਂ ਸੇਵਕਾਂ ਨੂੰ ਗੁਰੂ ਦੇ ਸ਼ਬਦ ਦਾ ਰਸ ਆ ਜਾਂਦਾ ਹੈ, ਉਹੀ ਸਾਰੇ ਤੇਰੀ ਸੇਵਾ-ਭਗਤੀ ਕਰਦੇ ਹਨ।
26207	599	ਗੁਰ ਕਿਰਪਾ ਤੇ ਨਿਰਮਲੁ ਹੋਆ ਜਿਨਿ ਵਿਚਹੁ ਆਪੁ ਗਵਾਇਆ॥		Gur Kirapaa Thae Niramal Hoaa Jin Vichahu Aap Gavaaeiaa ||	By Guru's Grace, they become pure, eradicating self-conceit from within.	ਜਿਸ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲਿਆ ਉਹ ਪਵਿਤ੍ਰ (ਜੀਵਨ ਵਾਲਾ) ਹੋ ਜਾਂਦਾ ਹੈ।

26208	599	ਅਨ ਦਿਨੁ ਗੁਣ ਗਾਵਹਿ ਨਿਤ ਸਾਚੇ ਗੁਰ ਕੈ ਸਬਦਿ ਸੁਹਾਇਆ॥੧॥		Anadhin Gun Gaavehi Nith Saachae Gur Kai Sabadh Suhaaeiaa ||1||	Night and day, they continually sing the Glorious Praises of the True Lord; they are adorned with the Word of the Guru's Shabad. ||1||	ਜੇਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ (ਜੁੜ ਕੇ) ਹਰ ਵੇਲੇ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦੇ ਰਹਿੰਦੇ ਹਨ, ਉਹ ਸੋਹਣੇ ਜੀਵਨ ਵਾਲੇ ਬਣ ਜਾਂਦੇ ਹਨ ॥੧॥
26209	599	ਮੇਰੇ ਠਾਕੁਰ ਹਮ ਬਾਰਿਕ ਸਰਣਿ ਤੁਮਾਰੀ॥		Maerae Thaakur Ham Baarik Saran Thumaaree ||	O my Lord and Master, I am Your child; I seek Your Sanctuary.	ਹੇ ਮੇਰੇ ਮਾਲਕ-ਪ੍ਰਭੂ! ਅਸੀਂ (ਜੀਵ) ਤੇਰੇ ਬੱਚੇ ਹਾਂ, ਤੇਰੀ ਸਰਨ ਆਏ ਹਾਂ।
26210	599	ਏਕੋ ਸਚਾ ਸਚੁ ਤੂ ਕੇਵਲੁ ਆਪਿ ਮੁਰਾਰੀ॥ਰਹਾਉ॥		Eaeko Sachaa Sach Thoo Kaeval Aap Muraaree || Rehaao ||	You are the One and Only Lord, the Truest of the True; You Yourself are the Destroyer of ego. ||Pause||	ਸਿਰਫ਼ ਇਕ ਤੂੰ ਹੀ ਸਦਾ ਕਾਇਮ ਰਹਿਣ ਵਾਲਾ ਹੈਂ, ਹੇ ਪ੍ਰਭੂ! ਰਹਾਉ॥
26211	599	ਜਾਗਤ ਰਹੇ ਤਿਨੀ ਪ੍ਰਭੁ ਪਾਇਆ ਸਬਦੇ ਹਉਮੈ ਮਾਰੀ॥		Jaagath Rehae Thinee Prabh Paaeiaa Sabadhae Houmai Maaree ||	Those who remain wakeful obtain God; through the Word of the Shabad, they conquer their ego.	ਜੇਹੜੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਹਉਮੈ ਮੁਕਾ ਲੈਂਦੇ ਹਨ, ਉਹ (ਮਾਇਆ ਦੇ ਮੋਹ ਆਦਿਕ ਵਲੋਂ) ਸੁਚੇਤ ਰਹਿੰਦੇ ਹਨ, ਉਹਨਾਂ ਨੇ ਹੀ ਪਰਮਾਤਮਾ ਦਾ ਮਿਲਾਪ ਪ੍ਰਾਪਤ ਕੀਤਾ ਹੈ।

26212	599	ਗਿਰਹੀ ਮਹਿ ਸਦਾ ਹਰਿ ਜਨ ਉਦਾਸੀ ਗਿਆਨ ਤਤ ਬੀਚਾਰੀ॥		Girehee Mehi Sadhaa Har Jan Oudhaasee Giaan Thath Beechaaree ||	Immersed in family life, the Lord's humble servant ever remains detached; he reflects upon the essence of spiritual wisdom.	ਪਰਮਾਤਮਾ ਦੇ ਭਗਤ ਗੁਰੂ ਦੇ ਬਖ਼ਸ਼ੇ ਅਸਲ ਗਿਆਨ ਦੀ ਰਾਹੀਂ ਵਿਚਾਰਵਾਨ ਹੋ ਕੇ ਗ੍ਰਿਹਸਤ ਵਿਚ ਰਹਿੰਦੇ ਹੋਏ ਹੀ ਮਾਇਆ ਵਲੋਂ ਵਿਰਕਤ ਰਹਿੰਦੇ ਹਨ।
26213	599	ਸਤਿਗੁਰੁ ਸੇਵਿ ਸਦਾ ਸੁਖੁ ਪਾਇਆ ਹਰਿ ਰਾਖਿਆ ਉਰ ਧਾਰੀ॥੨॥		Sathigur Saev Sadhaa Sukh Paaeiaa Har Raakhiaa Our Dhhaaree ||2||	Serving the True Guru, he finds eternal peace, and he keeps the Lord enshrined in his heart. ||2||	ਉਹ ਭਗਤ ਗੁਰੂ ਦੀ ਦੱਸੀ ਸੇਵਾ ਕਰ ਕੇ ਸਦਾ ਆਤਮਕ ਆਨੰਦ ਮਾਣਦੇ ਹਨ, ਤੇ, ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੇ ਹਨ ॥੨॥
26214	599	ਇਹੁ ਮਨੂਆ ਦਹ ਦਿਸਿ ਧਾਵਦਾ ਦੂਜੈ ਭਾਇ ਖੁਆਇਆ॥		Eihu Manooaa Dheh Dhis Dhhaavadhaa Dhoojai Bhaae Khuaaeiaa ||	This mind wanders in the ten directions; it is consumed by the love of duality.	ਇਹ ਅੱਲ੍ਹੜ ਮਨ ਮਾਇਆ ਦੇ ਮੋਹ ਵਿਚ ਫਸ ਕੇ ਦਸੀਂ ਪਾਸੀਂ ਦੌੜਦਾ ਰਹਿੰਦਾ ਹੈ, ਤੇ, (ਜੀਵਨ ਦੇ ਸਹੀ ਰਸਤੇ ਤੋਂ) ਖੁੰਝਿਆ ਰਹਿੰਦਾ ਹੈ।
26215	600	ਮਨਮੁਖ ਮੁਗਧੁ ਹਰਿ ਨਾਮੁ ਨ ਚੇਤੈ ਬਿਰਥਾ ਜਨਮੁ ਗਵਾਇਆ॥		Manamukh Mugadhh Har Naam N Chaethai Birathhaa Janam Gavaaeiaa ||	The foolish self-willed manmukh does not remember the Lord's Name; he wastes away his life in vain.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮੂਰਖ ਮਨੁੱਖ ਪਰਮਾਤਮਾ ਦਾ ਨਾਮ ਚੇਤੇ ਨਹੀਂ ਕਰਦਾ, ਆਪਣਾ ਜੀਵਨ ਵਿਅਰਥ ਗਵਾ ਜਾਂਦਾ ਹੈ।

26216	600	ਸਤਿਗੁਰੁ ਭੇਟੇ ਤਾ ਨਾਉ ਪਾਏ ਹਉਮੈ ਮੋਹੁ ਚੁਕਾਇਆ॥੩॥		Sathigur Bhaettae Thaa Naao Paaeae Houmai Mohu Chukaaeiaa ||3||	But when he meets the True Guru, then he obtains the Name; he sheds egotism and emotional attachment. ||3||	ਪਰ ਜਦੋਂ ਉਸ ਨੂੰ ਗੁਰੂ ਮਿਲ ਪੈਂਦਾ ਹੈ ਤਦੋਂ ਉਹ ਹਰਿ-ਨਾਮ ਦੀ ਦਾਤ ਹਾਸਲ ਕਰਦਾ ਹੈ, ਤੇ, ਆਪਣੇ ਅੰਦਰੋਂ ਮਾਇਆ ਦਾ ਮੋਹ ਅਤੇ ਹਉਮੈ ਦੂਰ ਕਰ ਲੈਂਦਾ ਹੈ ॥੩॥
26217	600	ਹਰਿ ਜਨ ਸਾਚੇ ਸਾਚੁ ਕਮਾਵਹਿ ਗੁਰ ਕੈ ਸਬਦਿ ਵੀਚਾਰੀ॥		Har Jan Saachae Saach Kamaavehi Gur Kai Sabadh Veechaaree ||	The Lord's humble servants are True - they practice Truth, and reflect upon the Word of the Guru's Shabad.	ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰਵਾਨ ਹੋ ਕੇ ਪਰਮਾਤਮਾ ਦੇ ਦਾਸ ਸਦਾ-ਥਿਰ ਪ੍ਰਭੂ ਦਾ ਸਦਾ-ਥਿਰ ਨਾਮ ਸਿਮਰਨ ਦੀ ਕਮਾਈ ਕਰਦੇ ਰਹਿੰਦੇ ਹਨ।
26218	600	ਆਪੇ ਮੇਲਿ ਲਏ ਪ੍ਰਭਿ ਸਾਚੈ ਸਾਚੁ ਰਖਿਆ ਉਰ ਧਾਰੀ॥		Aapae Mael Leae Prabh Saachai Saach Rakhiaa Our Dhhaaree ||	The True Lord God unites them with Himself, and they keep the True Lord enshrined in their hearts.	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੇ ਆਪ ਹੀ ਉਹਨਾਂ ਨੂੰ ਆਪਣੇ ਚਰਨਾਂ ਵਿਚ ਮਿਲਾ ਰੱਖਿਆ ਹੁੰਦਾ ਹੈ। ਉਹ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੇ ਹਨ।
26219	600	ਨਾਨਕ ਨਾਵਹੁ ਗਤਿ ਮਤਿ ਪਾਈ ਏਹਾ ਰਾਸਿ ਹਮਾਰੀ॥੪॥੧॥		Naanak Naavahu Gath Math Paaee Eaehaa Raas Hamaaree ||4||1||	O Nanak, through the Name, I have obtained salvation and understanding; this alone is my wealth. ||4||1||	ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਹੀ ਉੱਚੀ ਆਤਮਕ ਅਵਸਥਾ ਤੇ (ਚੰਗੀ) ਅਕਲ ਪ੍ਰਾਪਤ ਹੁੰਦੀ ਹੈ। ਪਰਮਾਤਮਾ ਦਾ ਨਾਮ ਹੀ ਸਾਡਾ (ਜੀਵਾਂ) ਦਾ ਸਰਮਾਇਆ ਹੈ ॥੪॥੧॥
26220	600	ਸੋਰਠਿ ਮਹਲਾ ੩॥		Sorath Mehalaa 3 ||	Sorat'h, Third Mehl:	

26221	600	ਭਗਤਿ ਖਜਾਨਾ ਭਗਤਨ ਕਉ ਦੀਆ ਨਾਉ ਹਰਿ ਧਨੁ ਸਚੁ ਸੋਇ॥		Bhagath Khajaanaa Bhagathan Ko Dheeaa Naao Har Dhhan Sach Soe ||	The True Lord has blessed His devotees with the treasure of devotional worship, and the wealth of the Lord's Name.	(ਗੁਰੂ) ਭਗਤ ਜਨਾਂ ਨੂੰ ਪਰਮਾਤਮਾ ਦੀ ਭਗਤੀ ਦਾ ਖ਼ਜ਼ਾਨਾ ਦੇਂਦਾ ਹੈ, ਪਰਮਾਤਮਾ ਦਾ ਨਾਮ ਐਸਾ ਧਨ ਹੈ ਜੋ ਸਦਾ ਕਾਇਮ ਰਹਿੰਦਾ ਹੈ।
26222	600	ਅਖੁਟੁ ਨਾਮ ਧਨੁ ਕਦੇ ਨਿਖੁਟੈ ਨਾਹੀ ਕਿਨੈ ਨ ਕੀਮਤਿ ਹੋਇ॥	ਅ-ਖੁੱਟੁ। ਨਿਖੁੱਟੈ	Akhutt Naam Dhhan Kadhae Nikhuttai Naahee Kinai N Keemath Hoe ||	The wealth of the Naam, shall never be exhausted; no one can estimate its worth.	ਹਰਿ-ਨਾਮ-ਧਨ ਕਦੇ ਮੁੱਕਣ ਵਾਲਾ ਨਹੀਂ, ਇਹ ਧਨ ਕਦੇ ਨਹੀਂ ਮੁੱਕਦਾ, ਕਿਸੇ ਪਾਸੋਂ ਇਸ ਦਾ ਮੁੱਲ ਭੀ ਨਹੀਂ ਪਾਇਆ ਜਾ ਸਕਦਾ (ਭਾਵ, ਕੋਈ ਮਨੁੱਖ ਇਸ ਧਨ ਨੂੰ ਦੁਨਿਆਵੀ ਪਦਾਰਥਾਂ ਨਾਲ ਖ਼ਰੀਦ ਭੀ ਨਹੀਂ ਸਕਦਾ)।
26223	600	ਨਾਮ ਧਨਿ ਮੁਖ ਉਜਲੇ ਹੋਏ ਹਰਿ ਪਾਇਆ ਸਚੁ ਸੋਇ॥੧॥		Naam Dhhan Mukh Oujalae Hoeae Har Paaeiaa Sach Soe ||1||	With the wealth of the Naam, their faces are radiant, and they attain the True Lord. ||1||	ਜਿਨ੍ਹਾਂ ਨੇ ਇਹ ਸਦਾ-ਥਿਰ ਹਰਿ-ਧਨ ਪ੍ਰਾਪਤ ਕਰ ਲਿਆ, ਉਹਨਾਂ ਨੂੰ ਇਸ ਨਾਮ-ਧਨ ਦੀ ਬਰਕਤਿ ਨਾਲ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ ॥੧॥
26224	600	ਮਨ ਮੇਰੇ ਗੁਰ ਸਬਦੀ ਹਰਿ ਪਾਇਆ ਜਾਇ॥		Man Maerae Gur Sabadhee Har Paaeiaa Jaae ||	O my mind, through the Word of the Guru's Shabad, the Lord is found.	ਹੇ ਮੇਰੇ ਮਨ! (ਗੁਰੂ ਦੇ ਸ਼ਬਦ ਦੀ ਰਾਹੀਂ ਹੀ ਪਰਮਾਤਮਾ ਮਿਲ ਸਕਦਾ ਹੈ।

26225	600	ਬਿਨੁ ਸਬਦੈ ਜਗੁ ਭੁਲਦਾ ਫਿਰਦਾ ਦਰਗਹ ਮਿਲੈ ਸਜਾਇ॥ਰਹਾਉ॥		Bin Sabadhai Jag Bhuladhaa Firadhaa Dharageh Milai Sajaae || Rehaao ||	Without the Shabad, the world wanders around, and receives its punishment in the Court of the Lord. ||Pause||	ਸ਼ਬਦ ਤੋਂ ਬਿਨਾ ਜਗਤ ਕੁਰਾਹੇ ਪਿਆ ਹੋਇਆ ਭਟਕਦਾ ਫਿਰਦਾ ਹੈ, (ਅਗਾਂਹ ਪਰਲੋਕ ਵਿਚ) ਪ੍ਰਭੂ ਦੀ ਦਰਗਾਹ ਵਿਚ ਦੰਡ ਸਹਿੰਦਾ ਹੈ। ਰਹਾਉ॥
26226	600	ਇਸੁ ਦੇਹੀ ਅੰਦਰਿ ਪੰਚ ਚੋਰ ਵਸਹਿ ਕਾਮੁ ਕ੍ਰੋਧੁ ਲੋਭੁ ਮੋਹੁ ਅਹੰਕਾਰਾ॥		Eis Dhaehee Andhar Panch Chor Vasehi Kaam Krodhh Lobh Mohu Ahankaaraa ||	Within this body dwell the five thieves: sexual desire, anger, greed, emotional attachment and egotism.	ਇਸ ਸਰੀਰ ਵਿਚ ਕਾਮ, ਕ੍ਰੋਧ, ਲੋਭ, ਮੋਹ ਤੇ ਅਹੰਕਾਰ ਦੇ ਪੰਜ ਚੋਰ ਵੱਸਦੇ ਹਨ,
26227	600	ਅੰਮ੍ਰਿਤੁ ਲੂਟਹਿ ਮਨਮੁਖ ਨਹੀ ਬੂਝਹਿ ਕੋਇ ਨ ਸੁਣੈ ਪੂਕਾਰਾ॥		Anmrith Loottehi Manamukh Nehee Boojhehi Koe N Sunai Pookaaraa ||	They plunder the Nectar, but the self-willed manmukh does not realize it; no one hears his complaint.	(ਇਹ) ਆਤਮਕ ਜੀਵਨ ਦੇਣ ਵਾਲਾ ਨਾਮ-ਧਨ ਲੁੱਟਦੇ ਰਹਿੰਦੇ ਹਨ, ਪਰ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਇਹ ਸਮਝਦੇ ਨਹੀਂ। (ਜਦੋਂ ਸਭ ਕੁਝ ਲੁਟਾ ਕੇ ਉਹ ਦੁੱਖੀ ਹੁੰਦੇ ਹਨ, ਤਾਂ) ਕੋਈ ਉਹਨਾਂ ਦੀ ਪੁਕਾਰ ਨਹੀਂ ਸੁਣਦਾ (ਕੋਈ ਉਹਨਾਂ ਦੀ ਸਹਾਇਤਾ ਨਹੀਂ ਕਰ ਸਕਦਾ)।

26228	600	ਅੰਧਾ ਜਗਤੁ ਅੰਧੁ ਵਰਤਾਰਾ ਬਾਝੁ ਗੁਰੂ ਗੁਬਾਰਾ॥੨॥	ਜੱਗ-ਤੁ	Andhhaa Jagath Andhh Varathaaraa Baajh Guroo Gubaaraa ||2||	The world is blind, and its dealings are blind as well; without the Guru, there is only pitch darkness. ||2||	ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਜਗਤ ਅੰਨ੍ਹਿਆਂ ਵਾਲੀ ਕਰਤੂਤ ਕਰਦਾ ਰਹਿੰਦਾ ਹੈ, ਗੁਰੂ ਤੋਂ ਖੁੰਝ ਕੇ (ਇਸ ਦੇ ਆਤਮਕ ਜੀਵਨ ਦੇ ਰਸਤੇ ਵਿਚ) ਹਨੇਰਾ ਹੋਇਆ ਰਹਿੰਦਾ ਹੈ ॥੨॥
26229	600	ਹਉਮੈ ਮੇਰਾ ਕਰਿ ਕਰਿ ਵਿਗੁਤੇ ਕਿਹੁ ਚਲੈ ਨ ਚਲਦਿਆ ਨਾਲਿ॥	ਵਿ-ਗੁੱਤੇ	Houmai Maeraa Kar Kar Viguthae Kihu Chalai N Chaladhiaa Naal ||	Indulging in egotism and possessiveness, they are ruined; when they depart, nothing goes along with them.	ਇਹ ਆਖ ਆਖ ਕੇ ਕਿ 'ਮੈਂ ਵੱਡਾ ਹਾਂ', 'ਇਹ ਧਨ ਪਦਾਰਥ ਮੇਰਾ ਹੈ' (ਮਾਇਆ-ਵੇੜ੍ਹੇ) ਮਨੁੱਖ ਖ਼ੁਆਰ ਹੁੰਦੇ ਰਹਿੰਦੇ ਹਨ, ਪਰ ਜਗਤ ਤੋਂ ਤੁਰਨ ਵੇਲੇ ਕੋਈ ਚੀਜ਼ ਭੀ ਕਿਸੇ ਦੇ ਨਾਲ ਨਹੀਂ ਤੁਰਦੀ।
26230	600	ਗੁਰਮੁਖਿ ਹੋਵੈ ਸੁ ਨਾਮੁ ਧਿਆਵੈ ਸਦਾ ਹਰਿ ਨਾਮੁ ਸਮਾਲਿ॥		Guramukh Hovai S Naam Dhhiaavai Sadhaa Har Naam Samaal ||	But one who becomes Gurmukh meditates on the Naam, and ever contemplates the Lord's Name.	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਸਦਾ ਪਰਮਾਤਮਾ ਦੇ ਨਾਮ ਨੂੰ ਹਿਰਦੇ ਵਿਚ ਵਸਾ ਕੇ ਨਾਮ ਸਿਮਰਦਾ ਰਹਿੰਦਾ ਹੈ।
26231	600	ਸਚੀ ਬਾਣੀ ਹਰਿ ਗੁਣ ਗਾਵੈ ਨਦਰੀ ਨਦਰਿ ਨਿਹਾਲਿ॥੩॥		Sachee Baanee Har Gun Gaavai Nadharee Nadhar Nihaal ||3||	Through the True Word of Gurbani, he sings the Glorious Praises of the Lord; blessed with the Lord's Glance of Grace, he is enraptured. ||3||	ਉਹ ਸਦਾ-ਥਿਰ ਰਹਿਣ ਵਾਲੀ ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ਤੇ ਪਰਮਾਤਮਾ ਦੀ ਮੇਹਰ ਦੀ ਨਜ਼ਰ ਨਾਲ ਉਹ ਸਦਾ ਸੁਖੀ ਰਹਿੰਦਾ ਹੈ ॥੩॥

26232	600	ਸਤਿਗੁਰ ਗਿਆਨੁ ਸਦਾ ਘਟਿ ਚਾਨਣੁ ਅਮਰੁ ਸਿਰਿ ਬਾਦਿਸਾਹਾ॥	(ਅਮਰੁ) ਹੁਕਮ। ਬਾਦਿਸਾਹਾਂ	Sathigur Giaan Sadhaa Ghatt Chaanan Amar Sir Baadhisaahaa ||	The spiritual wisdom of the True Guru is a steady light within the heart. The Lord's decree is over the heads of even kings.	ਜਿਨ੍ਹਾਂ ਦੇ ਹਿਰਦੇ ਵਿਚ ਗੁਰੂ ਦਾ ਬਖ਼ਸ਼ਿਆ ਗਿਆਨ ਸਦਾ ਚਾਨਣ ਕਰੀ ਰੱਖਦਾ ਹੈ ਉਹਨਾਂ ਦਾ ਹੁਕਮ (ਦੁਨੀਆ ਦੇ) ਬਾਦਸ਼ਾਹਾਂ ਦੇ ਸਿਰ ਉਤੇ (ਭੀ) ਚੱਲਦਾ ਹੈ,
26233	600	ਅਨ ਦਿਨੁ ਭਗਤਿ ਕਰਹਿ ਦਿਨੁ ਰਾਤੀ ਰਾਮ ਨਾਮੁ ਸਚੁ ਲਾਹਾ॥		Anadhin Bhagath Karehi Dhin Raathee Raam Naam Sach Laahaa ||	Night and day, the Lord's devotees worship Him; night and day, they gather in the true profit of the Lord's Name.	ਉਹ ਹਰ ਵੇਲੇ ਦਿਨ ਰਾਤ ਪਰਮਾਤਮਾ ਦੀ ਭਗਤੀ ਕਰਦੇ ਰਹਿੰਦੇ ਹਨ, ਉਹ ਹਰਿ-ਨਾਮ ਦਾ ਲਾਭ ਖੱਟਦੇ ਹਨ ਜੋ ਸਦਾ ਕਾਇਮ ਰਹਿੰਦਾ ਹੈ।
26234	600	ਨਾਨਕ ਰਾਮ ਨਾਮਿ ਨਿਸਤਾਰਾ ਸਬਦਿ ਰਤੇ ਹਰਿ ਪਾਹਾ॥੪॥੨॥	(ਪਾਹਾ) ਪਾਸ	Naanak Raam Naam Nisathaaraa Sabadh Rathae Har Paahaa ||4||2||	O Nanak, through the Lord's Name, one is emancipated; attuned to the Shabad, he finds the Lord. ||4||2||	ਹੇ ਨਾਨਕ! ਪਰਮਾਤਮਾ ਦੇ ਨਾਮ ਦੀ ਰਾਹੀਂ ਸੰਸਾਰ ਤੋਂ ਪਾਰ-ਉਤਾਰਾ ਹੋ ਜਾਂਦਾ ਹੈ, ਜੇਹੜੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਹਰਿ-ਨਾਮ ਦੇ ਰੰਗ ਵਿਚ ਰੰਗੇ ਰਹਿੰਦੇ ਹਨ, ਪਰਮਾਤਮਾ ਉਹਨਾਂ ਦੇ ਨੇੜੇ ਵੱਸਦਾ ਹੈ ॥੪॥੨॥
26235	600	ਸੋਰਠਿ ਮਃ ੩॥		Sorath Ma 3 ||	Sorat'h, Third Mehl:	
26236	600	ਦਾਸਨਿ ਦਾਸੁ ਹੋਵੈ ਤਾ ਹਰਿ ਪਾਏ ਵਿਚਹੁ ਆਪੁ ਗਵਾਈ॥		Dhaasan Dhaas Hovai Thaa Har Paaeae Vichahu Aap Gavaaee ||	If one becomes the slave of the Lord's slaves, then he finds the Lord, and eradicates ego from within.	ਜੇਹੜਾ ਮਨੁੱਖ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਬਹੁਤ ਗਰੀਬੀ ਸੁਭਾਵ ਵਾਲਾ ਬਣਦਾ ਹੈ, ਉਹ ਪਰਮਾਤਮਾ ਨੂੰ ਮਿਲ ਪੈਂਦਾ ਹੈ।

26237	600	ਭਗਤਾ ਕਾ ਕਾਰਜੁ ਹਰਿ ਅਨੰਦੁ ਹੈ ਅਨ ਦਿਨੁ ਹਰਿ ਗੁਣ ਗਾਈ॥	ਅ-ਨੰਦੁ	Bhagathaa Kaa Kaaraj Har Anandh Hai Anadhin Har Gun Gaaee ||	The Lord of bliss is his object of devotion; night and day, he sings the Glorious Praises of the Lord.	ਪਰਮਾਤਮਾ ਦੇ ਭਗਤਾਂ ਦਾ ਮੁੱਖ ਕੰਮ ਇਹੀ ਹੁੰਦਾ ਹੈ ਕਿ ਉਹ (ਆਪਾ-ਭਾਵ ਗਵਾ ਕੇ) ਹਰ ਵੇਲੇ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਗੀਤ ਗਾ ਕੇ ਉਸ ਦੇ ਮਿਲਾਪ ਦਾ ਆਨੰਦ ਮਾਣਦੇ ਹਨ।
26238	600	ਸਬਦਿ ਰਤੇ ਸਦਾ ਇਕ ਰੰਗੀ ਹਰਿ ਸਿਉ ਰਹੇ ਸਮਾਈ॥੧॥		Sabadh Rathae Sadhaa Eik Rangee Har Sio Rehae Samaaee ||1||	Attuned to the Word of the Shabad, the Lord's devotees remain ever as one, absorbed in the Lord. ||1||	ਭਗਤ ਜਨ ਗੁਰੂ ਦੇ ਸ਼ਬਦ ਵਿਚ ਸਦਾ ਇਕ-ਰਸ ਰੰਗੇ ਰਹਿ ਕੇ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦੇ ਹਨ ॥੧॥
26239	600	ਹਰਿ ਜੀਉ ਸਾਚੀ ਨਦਰਿ ਤੁਮਾਰੀ॥		Har Jeeo Saachee Nadhar Thumaaree ||	O Dear Lord, Your Glance of Grace is True.	ਹੇ ਪ੍ਰਭ ਜੀ! ਤੇਰੀ ਮੇਹਰ ਦੀ ਨਿਗਾਹ (ਆਪਣੇ ਸੇਵਕਾਂ ਉਤੇ) ਸਦਾ ਟਿਕੀ ਰਹਿੰਦੀ ਹੈ।
26240	600	ਆਪਣਿਆ ਦਾਸਾ ਨੋ ਕ੍ਰਿਪਾ ਕਰਿ ਪਿਆਰੇ ਰਾਖਹੁ ਪੈਜ ਹਮਾਰੀ॥ਰਹਾਉ॥		Aapaniaa Dhaasaa No Kirapaa Kar Piaarae Raakhahu Paij Hamaaree || Rehaao ||	Show mercy to Your slave, O Beloved Lord, and preserve my honor. ||Pause||	ਹੇ ਪਿਆਰੇ! ਤੂੰ ਆਪਣੇ ਦਾਸਾਂ ਉਤੇ ਕਿਰਪਾ ਕਰਦਾ ਰਹਿੰਦਾ ਹੈਂ, ਮੇਰੀ ਭੀ ਇੱਜ਼ਤ ਰੱਖ! ਰਹਾਉ॥

26241	600	ਸਬਦਿ ਸਲਾਹੀ ਸਦਾ ਹਉ ਜੀਵਾ ਗੁਰਮਤੀ ਭਉ ਭਾਗਾ॥		Sabadh Salaahee Sadhaa Ho Jeevaa Guramathee Bho Bhaagaa ||	Continually praising the Word of the Shabad, I live; under Guru's Instruction, my fear has been dispelled.	(ਹੇ ਪ੍ਰਭੂ!) ਮੈਂ ਗੁਰੂ ਦੇ ਸ਼ਬਦ ਵਿਚ (ਜੁੜ ਕੇ) ਤੇਰੀ ਸਿਫ਼ਤ-ਸਾਲਾਹ ਕਰਦਾ ਰਹਾਂ, ਤੇ, ਸਦਾ ਆਤਮਕ ਜੀਵਨ ਪ੍ਰਾਪਤ ਕਰਦਾ ਰਹਾਂ। ਗੁਰੂ ਦੀ ਮੱਤ ਉਤੇ ਤੁਰਨ ਨਾਲ ਡਰ ਦੂਰ ਹੋ ਜਾਂਦਾ ਹੈ।
26242	600	ਮੇਰਾ ਪ੍ਰਭੁ ਸਾਚਾ ਅਤਿ ਸੁਆਲਿਉ ਗੁਰੁ ਸੇਵਿਆ ਚਿਤੁ ਲਾਗਾ॥		Maeraa Prabh Saachaa Ath Suaalio Gur Saeviaa Chith Laagaa ||	My True Lord God is so beautiful! Serving the Guru, my consciousness is focused on Him.	ਮੇਰਾ ਪ੍ਰਭੂ ਸੋਹਣਾ ਹੈ, ਤੇ, ਸਦਾ ਕਾਇਮ ਰਹਿਣ ਵਾਲਾ ਹੈ। ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਦਾ ਚਿੱਤ (ਉਸ ਸੋਹਣੇ ਪ੍ਰਭੂ ਵਿਚ) ਮਗਨ ਰਹਿੰਦਾ ਹੈ।
26243	600	ਸਾਚਾ ਸਬਦੁ ਸਚੀ ਸਚੁ ਬਾਣੀ ਸੋ ਜਨੁ ਅਨ ਦਿਨੁ ਜਾਗਾ॥੨॥		Saachaa Sabadh Sachee Sach Baanee So Jan Anadhin Jaagaa ||2||	One who chants the True Word of the Shabad, and the Truest of the True, the Word of His Bani, remains wakeful, day and night. ||2||	(ਜਿਸ ਮਨੁੱਖ ਦੇ ਹਿਰਦੇ ਵਿਚ) ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਸ਼ਬਦ, ਸਿਫ਼ਤ-ਸਾਲਾਹ ਦੀ ਬਾਣੀ (ਵੱਸਦੀ ਹੈ) ਉਹ ਮਨੁੱਖ ਹਰ ਵੇਲੇ (ਸਿਫ਼ਤ-ਸਾਲਾਹ ਵਿਚ) ਸੁਚੇਤ ਰਹਿੰਦਾ ਹੈ ॥੨॥
26244	600	ਮਹਾ ਗੰਭੀਰੁ ਸਦਾ ਸੁਖਦਾਤਾ ਤਿਸ ਕਾ ਅੰਤੁ ਨ ਪਾਇਆ॥		Mehaa Ganbheer Sadhaa Sukhadhaathaa This Kaa Anth N Paaeiaa ||	He is so very deep and profound, the Giver of eternal peace; no one can find His limit.	ਪਰਮਾਤਮਾ ਵੱਡੇ ਡੂੰਘੇ ਜਿਗਰੇ ਵਾਲਾ ਹੈ, ਸਦਾ ਹੀ (ਜੀਵਾਂ ਨੂੰ) ਸੁਖ ਦੇਣ ਵਾਲਾ ਹੈ, ਉਸ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ।

26245	600	ਪੂਰੇ ਗੁਰ ਕੀ ਸੇਵਾ ਕੀਨੀ ਅਚਿੰਤੁ ਹਰਿ ਮੰਨਿ ਵਸਾਇਆ॥		Poorae Gur Kee Saevaa Keenee Achinth Har Mann Vasaaeiaa ||	Serving the Perfect Guru, one becomes carefree, enshrining the Lord within the mind.	ਜੇਹੜਾ ਮਨੁੱਖ ਪੂਰੇ ਗੁਰੂ ਦੀ ਦੱਸੀ ਸੇਵਾ ਕਰਦਾ ਹੈ, ਉਸ ਦੇ ਮਨ ਵਿਚ ਉਹ ਪਰਮਾਤਮਾ ਆ ਵੱਸਦਾ ਹੈ ਜਿਸ ਨੂੰ ਕੋਈ ਚਿੰਤਾ ਪੋਹ ਨਹੀਂ ਸਕਦੀ।
26246	600	ਮਨੁ ਤਨੁ ਨਿਰਮਲੁ ਸਦਾ ਸੁਖੁ ਅੰਤਰਿ ਵਿਚਹੁ ਭਰਮੁ ਚੁਕਾਇਆ॥੩॥		Man Than Niramal Sadhaa Sukh Anthar Vichahu Bharam Chukaaeiaa ||3||	The mind and body become immaculately pure, and a lasting peace fills the heart; doubt is eradicated from within. ||3||	ਉਸ ਮਨੁੱਖ ਦਾ ਮਨ ਪਵਿਤ੍ਰ ਹੋ ਜਾਂਦਾ ਹੈ ਹਿਰਦਾ ਪਵਿਤ੍ਰ ਹੋ ਜਾਂਦਾ ਹੈ, ਉਸ ਦੇ ਹਿਰਦੇ ਵਿਚ ਸਦਾ ਸੁਖ ਹੀ ਸੁਖ ਹੈ, ਉਹ ਆਪਣੇ ਅੰਦਰੋਂ ਭਟਕਣਾ ਦੂਰ ਕਰ ਲੈਂਦਾ ਹੈ ॥੩॥
26247	600	ਹਰਿ ਕਾ ਮਾਰਗੁ ਸਦਾ ਪੰਥੁ ਵਿਖੜਾ ਕੋ ਪਾਏ ਗੁਰ ਵੀਚਾਰਾ॥		Har Kaa Maarag Sadhaa Panthh Vikharraa Ko Paaeae Gur Veechaaraa ||	The Way of the Lord is always such a difficult path; only a few find it, contemplating the Guru.	ਪਰਮਾਤਮਾ ਦੇ ਮਿਲਾਪ ਦਾ ਰਸਤਾ ਬੜਾ ਕਠਨ ਹੈ, ਕੋਈ ਵਿਰਲਾ ਹੀ ਉਹ ਰਸਤਾ ਲੱਭਦਾ ਹੈ ਜੇਹੜਾ ਗੁਰੂ ਦੇ ਸ਼ਬਦ ਦੀ ਵਿਚਾਰ ਕਰਦਾ ਹੈ।
26248	600	ਹਰਿ ਕੈ ਰੰਗਿ ਰਾਤਾ ਸਬਦੇ ਮਾਤਾ ਹਉਮੈ ਤਜੇ ਵਿਕਾਰਾ॥	ਮੱਾਤਾ	Har Kai Rang Raathaa Sabadhae Maathaa Houmai Thajae Vikaaraa ||	Imbued with the Lord's Love, and intoxicated with the Shabad, he renounces ego and corruption.	ਉਹ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਜਾਂਦਾ ਹੈ, ਗੁਰੂ ਦੇ ਸ਼ਬਦ ਵਿਚ ਮਸਤ ਰਹਿੰਦਾ ਹੈ, ਆਪਣੇ ਅੰਦਰੋਂ ਹਉਮੈ ਆਦਿਕ ਵਿਕਾਰ ਦੂਰ ਕਰ ਦੇਂਦਾ ਹੈ।

26249	600	ਨਾਨਕ ਨਾਮਿ ਰਤਾ ਇਕ ਰੰਗੀ ਸਬਦਿ ਸਵਾਰਣਹਾਰਾ॥੪॥੩॥		Naanak Naam Rathaa Eik Rangee Sabadh Savaaranehaaraa ||4||3||	O Nanak, imbued with the Naam, and the Love of the One Lord, he is embellished with the Word of the Shabad. ||4||3||	ਹੇ ਨਾਨਕ! ਉਹ ਮਨੁੱਖ ਉਸ ਪ੍ਰਭੂ ਦੇ ਨਾਮ ਵਿਚ ਇਕ-ਰਸ ਰੱਤਾ ਰਹਿੰਦਾ ਹੈ, ਜੋ ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦਾ ਜੀਵਨ ਸਵਾਰ ਦੇਂਦਾ ਹੈ ॥੪॥੩॥
26250	601	ਸੋਰਠਿ ਮਹਲਾ ੩॥		Sorath Mehalaa 3 ||	Sorat'h, Third Mehl:	
26251	601	ਹਰਿ ਜੀਉ ਤੁਧੁਨੋ ਸਦਾ ਸਾਲਾਹੀ ਪਿਆਰੇ ਜਿਚਰੁ ਘਟ ਅੰਤਰਿ ਹੈ ਸਾਸਾ॥		Har Jeeo Thudhh No Sadhaa Saalaahee Piaarae Jichar Ghatt Anthar Hai Saasaa ||	Dear Beloved Lord, I praise You continually, as long as there is the breath within my body.	ਹੇ ਪਿਆਰੇ ਪ੍ਰਭੂ ਜੀ! (ਮੇਹਰ ਕਰ) ਜਿਤਨਾ ਚਿਰ ਮੇਰੇ ਸਰੀਰ ਵਿਚ ਜਿੰਦ ਹੈ, ਮੈਂ ਸਦਾ ਤੇਰੀ ਸਿਫ਼ਤ-ਸਾਲਾਹ ਕਰਦਾ ਰਹਾਂ।
26252	601	ਇਕੁ ਪਲੁ ਖਿਨੁ ਵਿਸਰਹਿ ਤੂ ਸੁਆਮੀ ਜਾਣਉ ਬਰਸ ਪਚਾਸਾ॥		Eik Pal Khin Visarehi Thoo Suaamee Jaano Baras Pachaasaa ||	If I were to forget You, for a moment, even for an instant, O Lord Master, it would be like fifty years for me.	ਹੇ ਪ੍ਰਭੂ! ਜੇ ਤੂੰ ਮੈਥੋਂ ਇਕ ਪਲ-ਭਰ ਜਾਂ ਇਕ ਛਿਨ-ਭਰ ਵੀ ਵਿੱਸਰਦਾ ਹੈਂ, ਮੈਂ ਉਹ ਵਕਤ ਪੰਜਾਹ ਸਾਲ ਬੀਤ ਗਏ ਸਮਝਦਾ ਹਾਂ।

26253	601	ਹਮ ਮੂੜ ਮੁਗਧ ਸਦਾ ਸੇ ਭਾਈ ਗੁਰ ਕੈ ਸਬਦਿ ਪ੍ਰਗਾਸਾ॥੧॥		Ham Moorr Mugadhh Sadhaa Sae Bhaaee Gur Kai Sabadh Pragaasaa ||1||	I was always such a fool and an idiot, O Siblings of Destiny, but now, through the Word of the Guru's Shabad, my mind is enlightened. ||1||	ਹੇ ਭਾਈ! ਅਸੀਂ ਸਦਾ ਤੋਂ ਮੂਰਖ ਅੰਞਾਣ ਤੁਰੇ ਆ ਰਹੇ ਸਾਂ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਸਾਡੇ ਅੰਦਰ ਆਤਮਕ ਜੀਵਨ ਦਾ) ਚਾਨਣ ਹੋਇਆ ਹੈ ॥੧॥
26254	601	ਹਰਿ ਜੀਉ ਤੁਮ ਆਪੇ ਦੇਹੁ ਬੁਝਾਈ॥	ਬੁੱਝਾਈ	Har Jeeo Thum Aapae Dhaehu Bujhaaee ||	Dear Lord, You Yourself bestow understanding.	ਹੇ ਪ੍ਰਭੂ ਜੀ! ਤੂੰ ਆਪ ਹੀ (ਆਪਣਾ ਨਾਮ ਜਪਣ ਦੀ ਮੈਨੂੰ) ਸਮਝ ਬਖ਼ਸ਼।
26255	601	ਹਰਿ ਜੀਉ ਤੁਧੁ ਵਿਟਹੁ ਵਾਰਿਆ ਸਦ ਹੀ ਤੇਰੇ ਨਾਮ ਵਿਟਹੁ ਬਲਿ ਜਾਈ॥ਰਹਾਉ॥		Har Jeeo Thudhh Vittahu Vaariaa Sadh Hee Thaerae Naam Vittahu Bal Jaaee || Rehaao ||	Dear Lord, I am forever a sacrifice to You; I am dedicated and devoted to Your Name. ||Pause||	ਹੇ ਪ੍ਰਭੂ! ਮੈਂ ਤੈਥੋਂ ਸਦਾ ਸਦਕੇ ਜਾਵਾਂ, ਮੈਂ ਤੇਰੇ ਨਾਮ ਤੋਂ ਕੁਰਬਾਨ ਜਾਵਾਂ। ਰਹਾਉ॥
26256	601	ਹਮ ਸਬਦਿ ਮੁਏ ਸਬਦਿ ਮਾਰਿ ਜੀਵਾਲੇ ਭਾਈ ਸਬਦੇ ਹੀ ਮੁਕਤਿ ਪਾਈ॥		Ham Sabadh Mueae Sabadh Maar Jeevaalae Bhaaee Sabadhae Hee Mukath Paaee ||	I have died in the Word of the Shabad, and through the Shabad, I am dead while yet alive, O Siblings of Destiny; through the Shabad, I have been liberated.	ਹੇ ਭਾਈ! ਅਸੀਂ (ਜੀਵ) ਗੁਰੂ ਦੇ ਸ਼ਬਦ ਦੀ ਰਾਹੀਂ (ਵਿਕਾਰਾਂ ਵਲੋਂ) ਮਰ ਸਕਦੇ ਹਾਂ, ਸ਼ਬਦ ਦੀ ਰਾਹੀਂ ਹੀ (ਵਿਕਾਰਾਂ ਵਲੋਂ) ਮਨ ਮਾਰ ਕੇ (ਗੁਰੂ) ਆਤਮਕ ਜੀਵਨ ਦੇਂਦਾ ਹੈ।

26257	601	ਸਬਦੇ ਮਨੁ ਤਨੁ ਨਿਰਮਲੁ ਹੋਆ ਹਰਿ ਵਸਿਆ ਮਨਿ ਆਈ॥		Sabadhae Man Than Niramal Hoaa Har Vasiaa Man Aaee ||	Through the Shabad, my mind and body have been purified, and the Lord has come to dwell within my mind.	ਗੁਰੂ ਦੇ ਸ਼ਬਦ ਵਿਚ ਜੁੜਿਆਂ ਹੀ ਵਿਕਾਰਾਂ ਵਲੋਂ ਖ਼ਲਾਸੀ ਹਾਸਲ ਹੁੰਦੀ ਹੈ, ਤੇ ਮਨ ਪਵਿਤ੍ਰ ਹੁੰਦਾ ਹੈ, ਸਰੀਰ ਪਵਿਤ੍ਰ ਹੁੰਦਾ ਹੈ, ਅਤੇ ਪਰਮਾਤਮਾ ਅੰਦਰ ਆ ਵੱਸਦਾ ਹੈ।
26258	601	ਸਬਦੁ ਗੁਰ ਦਾਤਾ ਜਿਤੁ ਮਨੁ ਰਾਤਾ ਹਰਿ ਸਿਉ ਰਹਿਆ ਸਮਾਈ॥੨॥		Sabadh Gur Dhaathaa Jith Man Raathaa Har Sio Rehiaa Samaaee ||2||	The Guru is the Giver of the Shabad; my mind is imbued with it, and I remain absorbed in the Lord. ||2||	ਗੁਰੂ ਦਾ ਸ਼ਬਦ (ਹੀ ਨਾਮ ਦੀ ਦਾਤਿ) ਦੇਣ ਵਾਲਾ ਹੈ, ਜਦੋਂ ਸ਼ਬਦ ਵਿਚ ਮਨ ਰੰਗਿਆ ਜਾਂਦਾ ਹੈ ਤਾਂ ਪਰਮਾਤਮਾ ਵਿਚ ਲੀਨ ਹੋ ਜਾਂਦਾ ਹੈ ॥੨॥
26259	601	ਸਬਦੁ ਨ ਜਾਣਹਿ ਸੇ ਅੰਨੇ ਬੋਲੇ ਸੇ ਕਿਤੁ ਆਏ ਸੰਸਾਰਾ॥		Sabadh N Jaanehi Sae Annae Bolae Sae Kith Aaeae Sansaaraa ||	Those who do not know the Shabad are blind and deaf; why did they even bother to come into the world?	ਜੇਹੜੇ ਮਨੁੱਖ ਗੁਰੂ ਦੇ ਸ਼ਬਦ ਨਾਲ ਸਾਂਝ ਨਹੀਂ ਪਾਂਦੇ ਉਹ (ਮਾਇਆ ਦੇ ਮੋਹ ਵਿਚ ਆਤਮਕ ਜੀਵਨ ਵਲੋਂ) ਅੰਨ੍ਹੇ ਬੋਲੇ ਹੋਏ ਰਹਿੰਦੇ ਹਨ, ਸੰਸਾਰ ਵਿਚ ਆ ਕੇ ਉਹ ਕੁਝ ਨਹੀਂ ਖੱਟਦੇ।
26260	601	ਹਰਿ ਰਸੁ ਨ ਪਾਇਆ ਬਿਰਥਾ ਜਨਮੁ ਗਵਾਇਆ ਜੰਮਹਿ ਵਾਰੋ ਵਾਰਾ॥		Har Ras N Paaeiaa Birathhaa Janam Gavaaeiaa Janmehi Vaaro Vaaraa ||	They do not obtain the subtle essence of the Lord's elixir; they waste away their lives, and are reincarnated over and over again.	ਉਹਨਾਂ ਨੂੰ ਪ੍ਰਭੂ ਦੇ ਨਾਮ ਦਾ ਸੁਆਦ ਨਹੀਂ ਆਉਂਦਾ, ਉਹ ਆਪਣਾ ਜੀਵਨ ਵਿਅਰਥ ਗਵਾ ਜਾਂਦੇ ਹਨ, ਉਹ ਮੁੜ ਮੁੜ ਜੰਮਦੇ ਮਰਦੇ ਰਹਿੰਦੇ ਹਨ।

26261	601	ਬਿਸਟਾ ਕੇ ਕੀੜੇ ਬਿਸਟਾ ਮਾਹਿ ਸਮਾਣੇ ਮਨਮੁਖ ਮੁਗਧ ਗੁਬਾਰਾ॥੩॥		Bisattaa Kae Keerrae Bisattaa Maahi Samaanae Manamukh Mugadhh Gubaaraa ||3||	The blind, idiotic, self-willed manmukhs are like maggots in manure, and in manure they rot away. ||3||	ਜਿਵੇਂ ਗੰਦ ਦੇ ਕੀੜੇ ਗੰਦ ਵਿਚ ਹੀ ਟਿਕੇ ਰਹਿੰਦੇ ਹਨ, ਤਿਵੇਂ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮੂਰਖ ਮਨੁੱਖ (ਅਗਿਆਨਤਾ ਦੇ) ਹਨੇਰੇ ਵਿਚ ਹੀ (ਮਸਤ ਰਹਿੰਦੇ ਹਨ) ॥੩॥
26262	601	ਆਪੇ ਕਰਿ ਵੇਖੈ ਮਾਰਗਿ ਲਾਏ ਭਾਈ ਤਿਸੁ ਬਿਨੁ ਅਵਰੁ ਨ ਕੋਈ॥		Aapae Kar Vaekhai Maarag Laaeae Bhaaee This Bin Avar N Koee ||	The Lord Himself creates us, watches over us, and places us on the Path, O Siblings of Destiny; there is no one other than Him.	ਪ੍ਰਭੂ ਆਪ ਹੀ (ਜੀਵਾਂ ਨੂੰ) ਪੈਦਾ ਕਰ ਕੇ ਸੰਭਾਲ ਕਰਦਾ ਹੈ, ਆਪ ਹੀ (ਜੀਵਨ ਦੇ ਸਹੀ) ਰਸਤੇ ਪਾਂਦਾ ਹੈ, ਉਸ ਪ੍ਰਭੂ ਤੋਂ ਬਿਨਾ ਹੋਰ ਕੋਈ ਨਹੀਂ (ਜੋ ਜੀਵਾਂ ਨੂੰ ਰਾਹ ਦੱਸ ਸਕੇ)।
26263	601	ਜੋ ਧੁਰਿ ਲਿਖਿਆ ਸੁ ਕੋਇ ਨ ਮੇਟੈ ਭਾਈ ਕਰਤਾ ਕਰੇ ਸੁ ਹੋਈ॥		Jo Dhhur Likhiaa S Koe N Maettai Bhaaee Karathaa Karae S Hoee ||	No one can erase that which is pre-ordained, O Siblings of Destiny; whatever the Creator wills, comes to pass.	ਕਰਤਾਰ ਜੋ ਕੁਝ ਕਰਦਾ ਹੈ ਉਹੀ ਹੁੰਦਾ ਹੈ, ਧੁਰ ਦਰਗਾਹ ਤੋਂ (ਜੀਵਾਂ ਦੇ ਮੱਥੇ ਤੇ ਲੇਖ) ਲਿਖ ਦੇਂਦਾ ਹੈ, ਉਸ ਨੂੰ ਕੋਈ (ਹੋਰ) ਮਿਟਾ ਨਹੀਂ ਸਕਦਾ।
26264	601	ਨਾਨਕ ਨਾਮੁ ਵਸਿਆ ਮਨ ਅੰਤਰਿ ਭਾਈ ਅਵਰੁ ਨ ਦੂਜਾ ਕੋਈ॥੪॥੪॥		Naanak Naam Vasiaa Man Anthar Bhaaee Avar N Dhoojaa Koee ||4||4||	O Nanak, the Naam, the Name of the Lord, abides deep within the mind; O Siblings of Destiny, there is no other at all. ||4||4||	ਹੇ ਨਾਨਕ! (ਉਸ ਪ੍ਰਭੂ ਦੀ ਮੇਹਰ ਨਾਲ ਹੀ ਉਸ ਦਾ) ਨਾਮ (ਮਨੁੱਖ ਦੇ) ਮਨ ਵਿਚ ਵੱਸ ਸਕਦਾ ਹੈ, ਕੋਈ ਹੋਰ ਇਹ ਦਾਤ ਦੇਣ ਜੋਗਾ ਨਹੀਂ ਹੈ ॥੪॥੪॥

26265	601	ਸੋਰਠਿ ਮਹਲਾ ੩॥		Sorath Mehalaa 3 ||	Sorat'h, Third Mehl:	
26266	601	ਗੁਰਮੁਖਿ ਭਗਤਿ ਕਰਹਿ ਪ੍ਰਭ ਭਾਵਹਿ ਅਨ ਦਿਨੁ ਨਾਮੁ ਵਖਾਣੇ॥		Guramukh Bhagath Karehi Prabh Bhaavehi Anadhin Naam Vakhaanae ||	The Gurmukhs practice devotional worship, and become pleasing to God; night and day, they chant the Naam, the Name of the Lord.	ਹੇ ਭਾਈ! ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰ ਕੇ ਭਗਤੀ ਕਰਦੇ ਹਨ ਅਤੇ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ।
26267	601	ਭਗਤਾ ਕੀ ਸਾਰ ਕਰਹਿ ਆਪਿ ਰਾਖਹਿ ਜੋ ਤੇਰੈ ਮਨਿ ਭਾਣੇ॥		Bhagathaa Kee Saar Karehi Aap Raakhehi Jo Thaerai Man Bhaanae ||	You Yourself protect and take care of Your devotees, who are pleasing to Your Mind.	ਹੇ ਪ੍ਰਭੂ! ਭਗਤਾਂ ਦੀ ਸੰਭਾਲ ਤੂੰ ਆਪ ਕਰਦਾ ਹੈਂ, ਤੂੰ ਆਪ ਉਹਨਾਂ ਦੀ ਰੱਖਿਆ ਕਰਦਾ ਹੈਂ, ਕਿਉਂਕਿ ਉਹ ਤੈਨੂੰ ਆਪਣੇ ਮਨ ਵਿਚ ਪਿਆਰੇ ਲੱਗਦੇ ਹਨ।
26268	601	ਤੂ ਗੁਣਦਾਤਾ ਸਬਦਿ ਪਛਾਤਾ ਗੁਣ ਕਹਿ ਗੁਣੀ ਸਮਾਣੇ॥੧॥		Thoo Gunadhaathaa Sabadh Pashhaathaa Gun Kehi Gunee Samaanae ||1||	You are the Giver of virtue, realized through the Word of Your Shabad. Uttering Your Glories, we merge with You, O Glorious Lord. ||1||	ਤੂੰ ਉਹਨਾਂ ਨੂੰ ਆਪਣੇ ਗੁਣ ਬਖ਼ਸ਼ਦਾ ਹੈਂ, ਗੁਰੂ ਦੇ ਸ਼ਬਦ ਦੀ ਰਾਹੀਂ ਉਹ ਤੇਰੇ ਨਾਲ ਸਾਂਝ ਪਾਂਦੇ ਹਨ। ਹੇ ਭਾਈ! ਪਰਮਾਤਮਾ ਦੀ ਸਿਫ਼ਤ-ਸਾਲਾਹ ਕਰ ਕਰ ਕੇ (ਭਗਤ) ਗੁਣਾਂ ਦੇ ਮਾਲਕ-ਪ੍ਰਭੂ ਵਿਚ ਲੀਨ ਰਹਿੰਦੇ ਹਨ ॥੧॥
26269	601	ਮਨ ਮੇਰੇ ਹਰਿ ਜੀਉ ਸਦਾ ਸਮਾਲਿ॥		Man Maerae Har Jeeo Sadhaa Samaal ||	O my mind, remember always the Dear Lord.	ਹੇ ਮੇਰੇ ਮਨ! ਪਰਮਾਤਮਾ ਨੂੰ ਸਦਾ ਚੇਤੇ ਕਰਦਾ ਰਹੁ।

26270	601	ਅੰਤ ਕਾਲਿ ਤੇਰਾ ਬੇਲੀ ਹੋਵੈ ਸਦਾ ਨਿਬਹੈ ਤੇਰੈ ਨਾਲਿ॥ਰਹਾਉ॥		Anth Kaal Thaeraa Baelee Hovai Sadhaa Nibehai Thaerai Naal || Rehaao ||	At the very last moment, He alone shall be your best friend; He shall always stand by you. ||Pause||	ਅਖ਼ੀਰਲੇ ਸਮੇ ਪਰਮਾਤਮਾ ਹੀ ਤੇਰਾ ਮਦਦਗਾਰ ਬਣੇਗਾ, ਪਰਮਾਤਮਾ ਸਦਾ ਤੇਰੇ ਨਾਲ ਸਾਥ ਨਿਬਾਹੇਗਾ ਰਹਾਉ॥
26271	601	ਦੁਸਟ ਚਉਕੜੀ ਸਦਾ ਕੂੜੁ ਕਮਾਵਹਿ ਨਾ ਬੂਝਹਿ ਵੀਚਾਰੇ॥		Dhusatt Choukarree Sadhaa Koorr Kamaavehi Naa Boojhehi Veechaarae ||	The gathering of the wicked enemies shall always practice falsehood; they do not contemplate understanding.	ਪਰ, ਹੇ ਭਾਈ! ਭੈੜੇ ਮਨੁੱਖ ਸਦਾ ਭੈੜ ਹੀ ਕਮਾਂਦੇ ਹਨ, ਉਹ ਵਿਚਾਰ ਕਰ ਕੇ ਸਮਝਦੇ ਨਹੀਂ,
26272	601	ਨਿੰਦਾ ਦੁਸਟੀ ਤੇ ਕਿਨਿ ਫਲੁ ਪਾਇਆ ਹਰਣਾਖਸ ਨਖਹਿ ਬਿਦਾਰੇ॥		Nindhaa Dhusattee Thae Kin Fal Paaeiaa Haranaakhas Nakhehi Bidhaarae ||	Who can obtain fruit from the slander of evil enemies? Remember that Harnaakhash was torn apart by the Lord's claws.	ਕਿ ਭੈੜੀ ਨਿੰਦਿਆ (ਆਦਿਕ) ਤੋਂ ਕਿਸੇ ਨੇ ਕਦੇ ਚੰਗਾ ਫਲ ਨਹੀਂ ਪਾਇਆ। ਹਰਣਾਖਸ਼ (ਨੇ ਭਗਤ ਨੂੰ ਦੁੱਖ ਦੇਣਾ ਸ਼ੁਰੂ ਕੀਤਾ, ਤਾਂ ਉਹ) ਨਹੁੰਆਂ ਨਾਲ ਚੀਰਿਆ ਗਿਆ।
26273	601	ਪ੍ਰਹਿਲਾਦੁ ਜਨੁ ਸਦ ਹਰਿ ਗੁਣ ਗਾਵੈ ਹਰਿ ਜੀਉ ਲਏ ਉਬਾਰੇ॥੨॥	ਪ੍ਰ-ਹਿਲਾਦੁ	Prehilaadh Jan Sadh Har Gun Gaavai Har Jeeo Leae Oubaarae ||2||	Prahlaad, the Lord's humble servant, constantly sang the Glorious Praises of the Lord, and the Dear Lord saved him. ||2||	ਪਰਮਾਤਮਾ ਦਾ ਭਗਤ ਪ੍ਰਹਿਲਾਦ ਸਦਾ ਪਰਮਾਤਮਾ ਦੇ ਗੁਣ ਗਾਂਦਾ ਸੀ, ਪਰਮਾਤਮਾ ਨੇ ਉਸ ਨੂੰ (ਨਰਸਿੰਘ ਰੂਪ ਧਾਰ ਕੇ) ਬਚਾ ਲਿਆ ॥੨॥

26274	601	ਆਪਸ ਕਉ ਬਹੁ ਭਲਾ ਕਰਿ ਜਾਣਹਿ ਮਨਮੁਖਿ ਮਤਿ ਨ ਕਾਈ॥		Aapas Ko Bahu Bhalaa Kar Jaanehi Manamukh Math N Kaaee ||	The self-willed manmukhs see themselves as being very virtuous; they have absolutely no understanding at all.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੂੰ ਕੋਈ ਅਕਲ-ਸ਼ਊਰ ਨਹੀਂ ਹੁੰਦੀ, ਉਹ ਆਪਣੇ ਆਪ ਨੂੰ ਤਾਂ ਚੰਗਾ ਸਮਝਦੇ ਹਨ,
26275	601	ਸਾਧੂ ਜਨ ਕੀ ਨਿੰਦਾ ਵਿਆਪੇ ਜਾਸਨਿ ਜਨਮੁ ਗਵਾਈ॥		Saadhhoo Jan Kee Nindhaa Viaapae Jaasan Janam Gavaaee ||	They indulge in slander of the humble spiritual people; they waste their lives away, and then they have to depart.	ਪਰ ਨੇਕ ਬੰਦਿਆਂ ਦੀ ਨਿੰਦਿਆ ਕਰਨ ਵਿਚ ਰੁੱਝੇ ਰਹਿੰਦੇ ਹਨ, ਉਹ ਆਪਣਾ ਜੀਵਨ ਵਿਅਰਥ ਗਵਾ ਜਾਂਦੇ ਹਨ।
26276	601	ਰਾਮ ਨਾਮੁ ਕਦੇ ਚੇਤਹਿ ਨਾਹੀ ਅੰਤਿ ਗਏ ਪਛੁਤਾਈ॥੩॥		Raam Naam Kadhae Chaethehi Naahee Anth Geae Pashhuthaaee ||3||	They never think of the Lord's Name, and in the end, they depart, regretting and repenting. ||3||	ਉਹ ਪਰਮਾਤਮਾ ਦਾ ਨਾਮ ਕਦੇ ਯਾਦ ਨਹੀਂ ਕਰਦੇ, ਆਖ਼ਰ ਹੱਥ ਮਲਦੇ (ਜਗਤ ਤੋਂ) ਚਲੇ ਜਾਂਦੇ ਹਨ ॥੩॥
26277	601	ਸਫਲੁ ਜਨਮੁ ਭਗਤਾ ਕਾ ਕੀਤਾ ਗੁਰ ਸੇਵਾ ਆਪਿ ਲਾਏ॥		Safal Janam Bhagathaa Kaa Keethaa Gur Saevaa Aap Laaeae ||	The Lord makes the lives of His devotees fruitful; He Himself links them to the Guru's service.	ਹੇ ਭਾਈ! ਪਰਮਾਤਮਾ ਆਪ ਹੀ ਭਗਤਾਂ ਦੀ ਜ਼ਿੰਦਗੀ ਕਾਮਯਾਬ ਬਣਾਂਦਾ ਹੈ, ਉਹ ਆਪ ਹੀ ਉਹਨਾਂ ਨੂੰ ਗੁਰੂ ਦੀ ਸੇਵਾ ਵਿਚ ਜੋੜਦਾ ਹੈ।

26278	601	ਸਬਦੇ ਰਾਤੇ ਸਹਜੇ ਮਾਤੇ ਅਨ ਦਿਨੁ ਹਰਿ ਗੁਣ ਗਾਏ॥		Sabadhae Raathae Sehajae Maathae Anadhin Har Gun Gaaeae ||	Imbued with the Word of the Shabad, and intoxicated with celestial bliss, night and day, they sing the Glorious Praises of the Lord.	(ਇਸ ਤਰ੍ਹਾਂ ਉਹ) ਹਰ ਵੇਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾ ਕੇ ਗੁਰੂ ਦੇ ਸ਼ਬਦ (ਦੇ ਰੰਗ) ਵਿਚ ਰੰਗੇ ਰਹਿੰਦੇ ਹਨ ਅਤੇ ਆਤਮਕ ਅਡੋਲਤਾ ਵਿਚ ਮਸਤ ਰਹਿੰਦੇ ਹਨ।
26279	601	ਨਾਨਕ ਦਾਸੁ ਕਹੈ ਬੇਨੰਤੀ ਹਉ ਲਾਗਾ ਤਿਨ ਕੈ ਪਾਏ॥੪॥੫॥		Naanak Dhaas Kehai Baenanthee Ho Laagaa Thin Kai Paaeae ||4||5||	Slave Nanak utters this prayer: O Lord, please, let me fall at their feet. ||4||5||	ਦਾਸ ਨਾਨਕ ਬੇਨਤੀ ਕਰਦਾ ਹੈ- ਮੈਂ ਉਹਨਾਂ ਭਗਤਾਂ ਦੇ ਚਰਨੀਂ ਲੱਗਦਾ ਹਾਂ ॥੪॥੫॥
26280	601	ਸੋਰਠਿ ਮਹਲਾ ੩॥		Sorath Mehalaa 3 ||	Sorat'h, Third Mehl:	
26281	601	ਸੋ ਸਿਖੁ ਸਖਾ ਬੰਧਪੁ ਹੈ ਭਾਈ ਜਿ ਗੁਰ ਕੇ ਭਾਣੇ ਵਿਚਿ ਆਵੈ॥		So Sikh Sakhaa Bandhhap Hai Bhaaee J Gur Kae Bhaanae Vich Aavai ||	He alone is a Sikh, a friend, a relative and a sibling, who walks in the Way of the Guru's Will.	ਹੇ ਭਾਈ! ਉਹੀ ਮਨੁੱਖ ਗੁਰੂ ਦਾ ਸਿੱਖ ਹੈ, ਗੁਰੂ ਦਾ ਮਿੱਤਰ ਹੈ, ਗੁਰੂ ਦਾ ਰਿਸ਼ਤੇਦਾਰ ਹੈ, ਜੇਹੜਾ ਗੁਰੂ ਦੀ ਰਜ਼ਾ ਵਿਚ ਤੁਰਦਾ ਹੈ।
26282	601	ਆਪਣੈ ਭਾਣੈ ਜੋ ਚਲੈ ਭਾਈ ਵਿਛੁੜਿ ਚੋਟਾ ਖਾਵੈ॥		Aapanai Bhaanai Jo Chalai Bhaaee Vishhurr Chottaa Khaavai ||	One who walks according to his own will, O Siblings of Destiny, suffers separation from the Lord, and shall be punished.	ਪਰ, ਜੇਹੜਾ ਮਨੁੱਖ ਆਪਣੀ ਮਰਜ਼ੀ ਅਨੁਸਾਰ ਤੁਰਦਾ ਹੈ, ਉਹ ਪ੍ਰਭੂ ਤੋਂ ਵਿੱਛੁੜ ਕੇ ਦੁਖ ਸਹਾਰਦਾ ਹੈ।

26283	601	ਬਿਨੁ ਸਤਿਗੁਰ ਸੁਖੁ ਕਦੇ ਨ ਪਾਵੈ ਭਾਈ ਫਿਰਿ ਫਿਰਿ ਪਛੋਤਾਵੈ॥੧॥		Bin Sathigur Sukh Kadhae N Paavai Bhaaee Fir Fir Pashhothaavai ||1||	Without the True Guru, peace is never obtained, O Siblings of Destiny; again and again, he regrets and repents. ||1||	ਗੁਰੂ ਦੀ ਸਰਨ ਪੈਣ ਤੋਂ ਬਿਨਾ ਮਨੁੱਖ ਕਦੇ ਸੁਖ ਨਹੀਂ ਪਾ ਸਕਦਾ, ਤੇ ਮੁੜ ਮੁੜ (ਦੁੱਖੀ ਹੋ ਕੇ) ਪਛੁਤਾਂਦਾ ਹੈ ॥੧॥
26284	601	ਹਰਿ ਕੇ ਦਾਸ ਸੁਹੇਲੇ ਭਾਈ॥		Har Kae Dhaas Suhaelae Bhaaee ||	The Lord's slaves are happy, O Siblings of Destiny.	ਹੇ ਭਾਈ! ਪਰਮਾਤਮਾ ਦੇ ਭਗਤ ਸੁਖੀ ਜੀਵਨ ਬਿਤੀਤ ਕਰਦੇ ਹਨ।
26285	602	ਜਨਮ ਜਨਮ ਕੇ ਕਿਲਬਿਖ ਦੁਖ ਕਾਟੇ ਆਪੇ ਮੇਲਿ ਮਿਲਾਈ॥ਰਹਾਉ॥		Janam Janam Kae Kilabikh Dhukh Kaattae Aapae Mael Milaaee || Rehaao ||	The sins and sorrows of countless lifetimes are eradicated; the Lord Himself unites them in His Union. ||Pause||	ਪਰਮਾਤਮਾ ਆਪ ਉਹਨਾਂ ਦੇ ਜਨਮਾਂ ਜਨਮਾਂ ਦੇ ਦੁੱਖ ਪਾਪ ਕੱਟ ਦੇਂਦਾ ਹੈ, ਤੇ, ਉਹਨਾਂ ਨੂੰ ਆਪਣੇ ਚਰਨਾਂ ਵਿਚ ਮਿਲਾ ਲੈਂਦਾ ਹੈ ਰਹਾਉ॥
26286	602	ਇਹੁ ਕੁਟੰਬੁ ਸਭੁ ਜੀਅ ਕੇ ਬੰਧਨ ਭਾਈ ਭਰਮਿ ਭੁਲਾ ਸੈਂਸਾਰਾ॥	ਕੁ-ਟੰਬੁ	Eihu Kuttanb Sabh Jeea Kae Bandhhan Bhaaee Bharam Bhulaa Sainasaaraa ||	All of these relatives are like chains upon the soul, O Siblings of Destiny; the world is deluded by doubt.	ਹੇ ਭਾਈ! (ਗੁਰੂ ਦੀ ਰਜ਼ਾ ਵਿਚ ਤੁਰਨ ਤੋਂ ਬਿਨਾ) ਇਹ (ਆਪਣਾ) ਪਰਵਾਰ ਭੀ ਜਿੰਦ ਵਾਸਤੇ ਨਿਰਾ ਮੋਹ ਦੇ ਬੰਧਨ ਬਣ ਜਾਂਦਾ ਹੈ, (ਤਾਂਹੀਏਂ) ਜਗਤ (ਗੁਰੂ ਤੋਂ) ਭਟਕ ਕੇ ਕੁਰਾਹੇ ਪਿਆ ਰਹਿੰਦਾ ਹੈ।
26287	602	ਬਿਨੁ ਗੁਰ ਬੰਧਨ ਟੂਟਹਿ ਨਾਹੀ ਗੁਰਮੁਖਿ ਮੋਖ ਦੁਆਰਾ॥		Bin Gur Bandhhan Ttoottehi Naahee Guramukh Mokh Dhuaaraa ||	Without the Guru, the chains cannot be broken; the Gurmukhs find the door of salvation.	ਗੁਰੂ ਦੀ ਸਰਨ ਆਉਣ ਤੋਂ ਬਿਨਾ ਇਹ ਬੰਧਨ ਟੁੱਟਦੇ ਨਹੀਂ। ਗੁਰੂ ਦੀ ਸਰਨ ਪੈਣ ਵਾਲਾ ਮਨੁੱਖ (ਮੋਹ ਦੇ ਬੰਧਨਾਂ ਤੋਂ) ਖ਼ਲਾਸੀ ਪਾਣ ਦਾ ਰਸਤਾ ਲੱਭ ਲੈਂਦਾ ਹੈ।

26288	602	ਕਰਮ ਕਰਹਿ ਗੁਰ ਸਬਦੁ ਨ ਪਛਾਣਹਿ ਮਰਿ ਜਨਮਹਿ ਵਾਰੋ ਵਾਰਾ॥੨॥		Karam Karehi Gur Sabadh N Pashhaanehi Mar Janamehi Vaaro Vaaraa ||2||	One who performs rituals without realizing the Word of the Guru's Shabad, shall die and be reborn, again and again. ||2||	ਜੇਹੜੇ ਮਨੁੱਖ ਨਿਰੇ ਦੁਨੀਆ ਦੇ ਕੰਮ-ਧੰਧੇ ਹੀ ਕਰਦੇ ਹਨ, ਪਰ ਗੁਰੂ ਦੇ ਸ਼ਬਦ ਨਾਲ ਸਾਂਝ ਨਹੀਂ ਪਾਂਦੇ, ਉਹ ਮੁੜ ਮੁੜ ਜੰਮਦੇ ਮਰਦੇ ਰਹਿੰਦੇ ਹਨ ॥੨॥
26289	602	ਹਉ ਮੇਰਾ ਜਗੁ ਪਲਚਿ ਰਹਿਆ ਭਾਈ ਕੋਇ ਨ ਕਿਸ ਹੀ ਕੇਰਾ॥		Ho Maeraa Jag Palach Rehiaa Bhaaee Koe N Kis Hee Kaeraa ||	The world is entangled in egotism and possessiveness, O Siblings of Destiny, but no one belongs to anyone else.	ਹੇ ਭਾਈ! 'ਮੈਂ ਵੱਡਾ ਹਾਂ', 'ਇਹ ਧਨ ਆਦਿਕ ਮੇਰਾ ਹੈ'-ਇਸ ਵਿਚ ਹੀ ਜਗਤ ਉਲਝਿਆ ਪਿਆ ਹੈ (ਉਂਞ) ਕੋਈ ਭੀ ਕਿਸੇ ਦਾ (ਸਦਾ ਦਾ ਸਾਥੀ) ਨਹੀਂ ਬਣ ਸਕਦਾ।
26290	602	ਗੁਰਮੁਖਿ ਮਹਲੁ ਪਾਇਨਿ ਗੁਣ ਗਾਵਨਿ ਨਿਜ ਘਰਿ ਹੋਇ ਬਸੇਰਾ॥		Guramukh Mehal Paaein Gun Gaavan Nij Ghar Hoe Basaeraa ||	The Gurmukhs attain the Mansion of the Lord's Presence, singing the Glories of the Lord; they dwell in the home of their own inner being.	ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਹਨ, ਤੇ, ਪਰਮਾਤਮਾ ਦੀ ਹਜ਼ੂਰੀ ਪ੍ਰਾਪਤ ਕਰੀ ਰੱਖਦੇ ਹਨ, ਉਹਨਾਂ ਦਾ (ਆਤਮਕ) ਨਿਵਾਸ ਪ੍ਰਭੂ-ਚਰਨਾਂ ਵਿਚ ਹੋਇਆ ਰਹਿੰਦਾ ਹੈ।
26291	602	ਐਥੈ ਬੂਝੈ ਸੁ ਆਪੁ ਪਛਾਣੈ ਹਰਿ ਪ੍ਰਭੁ ਹੈ ਤਿਸੁ ਕੇਰਾ॥੩॥		Aithhai Boojhai S Aap Pashhaanai Har Prabh Hai This Kaeraa ||3||	One who understands here, realizes himself; the Lord God belongs to him. ||3||	ਜੇਹੜਾ ਮਨੁੱਖ ਇਸ ਜੀਵਨ ਵਿਚ ਹੀ (ਇਸ ਭੇਤ ਨੂੰ) ਸਮਝਦਾ ਹੈ, ਉਹ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ, ਪਰਮਾਤਮਾ ਉਸ ਮਨੁੱਖ ਦਾ ਸਹਾਈ ਬਣਿਆ ਰਹਿੰਦਾ ਹੈ ॥੩॥

26292	602	ਸਤਿਗੁਰੂ ਸਦਾ ਦਇਆਲੁ ਹੈ ਭਾਈ ਵਿਣੁ ਭਾਗਾ ਕਿਆ ਪਾਈਐ॥		Sathiguroo Sadhaa Dhaeiaal Hai Bhaaee Vin Bhaagaa Kiaa Paaeeai ||	The True Guru is forever merciful, O Siblings of Destiny; without good destiny, what can anyone obtain?	ਹੇ ਭਾਈ! ਗੁਰੂ ਹਰ ਵੇਲੇ ਹੀ ਦਇਆਵਾਨ ਰਹਿੰਦਾ ਹੈ (ਮਾਇਆ-ਵੇੜ੍ਹਿਆ ਮਨੁੱਖ ਗੁਰੂ ਦੀ ਸਰਨ ਨਹੀਂ ਆਉਂਦਾ) ਕਿਸਮਤਿ ਤੋਂ ਬਿਨਾ (ਗੁਰੂ ਪਾਸੋਂ) ਕੀਹ ਮਿਲੇ?
26293	602	ਏਕ ਨਦਰਿ ਕਰਿ ਵੇਖੈ ਸਭ ਊਪਰਿ ਜੇਹਾ ਭਾਉ ਤੇਹਾ ਫਲੁ ਪਾਈਐ॥		Eaek Nadhar Kar Vaekhai Sabh Oopar Jaehaa Bhaao Thaehaa Fal Paaeeai ||	He looks alike upon all with His Glance of Grace, but people receive the fruits of their rewards according to their love for the Lord.	ਗੁਰੂ ਸਭਨਾਂ ਨੂੰ ਇਕ ਪਿਆਰ ਦੀ ਨਿਗਾਹ ਨਾਲ ਵੇਖਦਾ ਹੈ। (ਪਰ ਸਾਡੀ ਜੀਵਾਂ ਦੀ) ਜਿਹੋ ਜਿਹੀ ਭਾਵਨਾ ਹੁੰਦੀ ਹੈ ਉਹੋ ਜਿਹਾ ਫਲ (ਸਾਨੂੰ ਗੁਰੂ ਪਾਸੋਂ) ਮਿਲ ਜਾਂਦਾ ਹੈ।
26294	602	ਨਾਨਕ ਨਾਮੁ ਵਸੈ ਮਨ ਅੰਤਰਿ ਵਿਚਹੁ ਆਪੁ ਗਵਾਈਐ॥੪॥੬॥		Naanak Naam Vasai Man Anthar Vichahu Aap Gavaaeeai ||4||6||	O Nanak, when the Naam, the Name of the Lord, comes to dwell within the mind, then self-conceit is eradicated from within. ||4||6||	ਹੇ ਨਾਨਕ! (ਜੇ ਗੁਰੂ ਦੀ ਸਰਨ ਪੈ ਕੇ ਆਪਣੇ) ਅੰਦਰੋਂ ਆਪਾ-ਭਾਵ ਦੂਰ ਕਰ ਲਈਏ, ਤਾਂ ਪਰਮਾਤਮਾ ਦਾ ਨਾਮ ਮਨ ਵਿਚ ਆ ਵੱਸਦਾ ਹੈ ॥੪॥੬॥
26295	602	ਸੋਰਠਿ ਮਹਲਾ ੩ ਚੌਤੁਕੇ॥		Sorath Mehalaa 3 Chaathukae ||	Sorat'h, Third Mehl, Chau-Tukas:	
26296	602	ਸਚੀ ਭਗਤਿ ਸਤਿਗੁਰ ਤੇ ਹੋਵੈ ਸਚੀ ਹਿਰਦੈ ਬਾਣੀ॥		Sachee Bhagath Sathigur Thae Hovai Sachee Hiradhai Baanee ||	True devotional worship is obtained only through the True Guru, when the True Word of His Bani is in the heart.	ਹੇ ਭਾਈ! ਗੁਰੂ ਦੀ ਰਾਹੀਂ ਸਦਾ-ਥਿਰ ਪ੍ਰਭੂ ਦੀ ਭਗਤੀ ਹੋ ਸਕਦੀ ਹੈ, ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਹਿਰਦੇ ਵਿਚ ਟਿਕ ਜਾਂਦੀ ਹੈ।

26297	602	ਸਤਿਗੁਰੁ ਸੇਵੇ ਸਦਾ ਸੁਖੁ ਪਾਏ ਹਉਮੈ ਸਬਦਿ ਸਮਾਣੀ॥		Sathigur Saevae Sadhaa Sukh Paaeae Houmai Sabadh Samaanee ||	Serving the True Guru, eternal peace is obliterated through the Word of the Shabad.	ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਸਦਾ ਸੁਖ ਮਾਣਦਾ ਹੈ, ਉਸ ਦੀ ਹਉਮੈ ਗੁਰੂ ਦੇ ਸ਼ਬਦ ਵਿਚ ਹੀ ਮੁੱਕ ਜਾਂਦੀ ਹੈ।
26298	602	ਬਿਨੁ ਗੁਰ ਸਾਚੇ ਭਗਤਿ ਨ ਹੋਵੀ ਹੋਰ ਭੂਲੀ ਫਿਰੈ ਇਆਣੀ॥		Bin Gur Saachae Bhagath N Hovee Hor Bhoolee Firai Eiaanee ||	Without the Guru, there is no true devotion; otherwise, people wander around, deluded by ignorance.	ਸੱਚੇ ਗੁਰੂ ਤੋਂ ਬਿਨਾ ਭਗਤੀ ਨਹੀਂ ਹੋ ਸਕਦੀ, ਜੇਹੜੀ ਅੰਞਾਣ ਲੁਕਾਈ ਗੁਰੂ ਦੇ ਦਰ ਤੇ ਨਹੀਂ ਆਉਂਦੀ, ਉਹ ਕੁਰਾਹੇ ਪਈ ਰਹਿੰਦੀ ਹੈ।
26299	602	ਮਨਮੁਖਿ ਫਿਰਹਿ ਸਦਾ ਦੁਖੁ ਪਾਵਹਿ ਡੂਬਿ ਮੁਏ ਵਿਣੁ ਪਾਣੀ॥੧॥		Manamukh Firehi Sadhaa Dhukh Paavehi Ddoob Mueae Vin Paanee ||1||	The self-willed manmukhs wander around, suffering in constant pain; they drown and die, even without water. ||1||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਭਟਕਦੇ ਫਿਰਦੇ ਹਨ, ਸਦਾ ਦੁੱਖ ਪਾਂਦੇ ਹਨ; ਉਹ, ਮਾਨੋ, ਪਾਣੀ ਤੋਂ ਬਿਨਾ ਹੀ ਡੁੱਬ ਮਰਦੇ ਹਨ ॥੧॥
26300	602	ਭਾਈ ਰੇ ਸਦਾ ਰਹਹੁ ਸਰਣਾਈ॥	ਰਹ-ਹੁ	Bhaaee Rae Sadhaa Rehahu Saranaaee ||	O Siblings of Destiny, remain forever in the Lord's Sanctuary, under His Protection.	ਹੇ ਭਾਈ! ਸਦਾ ਗੁਰੂ ਦੀ ਸਰਨ ਟਿਕਿਆ ਰਹੁ।
26301	602	ਆਪਣੀ ਨਦਰਿ ਕਰੇ ਪਤਿ ਰਾਖੈ ਹਰਿ ਨਾਮੋ ਦੇ ਵਡਿਆਈ॥ਰਹਾਉ॥		Aapanee Nadhar Karae Path Raakhai Har Naamo Dhae Vaddiaaee || Rehaao ||	Bestowing His Glance of Grace, He preserves our honor, and blesses us with the glory of the Lord's Name. ||Pause||	(ਜੇਹੜਾ ਮਨੁੱਖ ਗੁਰੂ ਦੀ ਸਰਨ ਪਿਆ ਰਹਿੰਦਾ ਹੈ, ਉਸ ਉਤੇ ਗੁਰੂ) ਆਪਣੀ ਮੇਹਰ ਦੀ ਨਿਗਾਹ ਕਰਦਾ ਹੈ; ਉਸ ਦੀ ਇੱਜ਼ਤ ਰੱਖਦਾ ਹੈ, ਉਸ ਨੂੰ ਪ੍ਰਭੂ ਦਾ ਨਾਮ ਬਖ਼ਸ਼ਦਾ ਹੈ (ਜੋ ਇਕ ਵੱਡੀ) ਇੱਜ਼ਤ ਹੈ ਰਹਾਉ॥

26302	602	ਪੂਰੇ ਗੁਰ ਤੇ ਆਪੁ ਪਛਾਤਾ ਸਬਦਿ ਸਚੈ ਵੀਚਾਰਾ॥		Poorae Gur Thae Aap Pashhaathaa Sabadh Sachai Veechaaraa ||	Through the Perfect Guru, one comes to understand himself, contemplating the True Word of the Shabad.	ਜਿਸ ਮਨੁੱਖ ਨੇ ਪੂਰੇ ਗੁਰੂ ਦੀ ਰਾਹੀਂ ਆਪਣੇ ਆਤਮਕ ਜੀਵਨ ਨੂੰ ਪੜਤਾਲਣਾ ਸ਼ੁਰੂ ਕਰ ਦਿੱਤਾ, ਉਸ ਨੇ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਜੁੜ ਕੇ ਪ੍ਰਭੂ ਦੇ ਗੁਣਾਂ ਨੂੰ ਵਿਚਾਰਨਾ ਸ਼ੁਰੂ ਕਰ ਦਿੱਤਾ।
26303	602	ਹਿਰਦੈ ਜਗਜੀਵਨੁ ਸਦ ਵਸਿਆ ਤਜਿ ਕਾਮੁ ਕ੍ਰੋਧੁ ਅਹੰਕਾਰਾ॥	ਜੱਗਜੀਵਨੁ। ਅਹੰ-ਕਾਰਾ	Hiradhai Jagajeevan Sadh Vasiaa Thaj Kaam Krodhh Ahankaaraa ||	The Lord, the Life of the world, ever abides in his heart, and he renounces sexual desire, anger and egotism.	ਕਾਮ ਕ੍ਰੋਧ ਅਹੰਕਾਰ (ਆਦਿਕ ਵਿਕਾਰ) ਤਿਆਗਣ ਨਾਲ ਉਸ ਦੇ ਹਿਰਦੇ ਵਿਚ ਜਗਤ ਦਾ ਜੀਵਨ ਪ੍ਰਭੂ ਸਦਾ ਲਈ ਆ ਵੱਸਿਆ।
26304	602	ਸਦਾ ਹਜੂਰਿ ਰਵਿਆ ਸਭ ਠਾਈ ਹਿਰਦੈ ਨਾਮੁ ਅਪਾਰਾ॥	ਠਾਈਂ	Sadhaa Hajoor Raviaa Sabh Thaaee Hiradhai Naam Apaaraa ||	The Lord is ever-present, permeating and pervading all places; the Name of the Infinite Lord is enshrined within the heart.	ਬੇਅੰਤ ਪ੍ਰਭੂ ਦਾ ਨਾਮ ਉਸ ਦੇ ਹਿਰਦੇ ਵਿਚ ਆ ਵੱਸਣ ਕਰਕੇ ਪ੍ਰਭੂ ਉਸ ਨੂੰ ਹਰ ਵੇਲੇ ਅੰਗ-ਸੰਗ ਵੱਸਦਾ ਦਿੱਸ ਪਿਆ, ਸਭ ਥਾਵਾਂ ਵਿਚ ਮੌਜੂਦ ਦਿੱਸ ਪਿਆ।
26305	602	ਜੁਗਿ ਜੁਗਿ ਬਾਣੀ ਸਬਦਿ ਪਛਾਣੀ ਨਾਉ ਮੀਠਾ ਮਨਹਿ ਪਿਆਰਾ॥੨॥	ਜੁੱਗਿ ਜੁੱਗਿ	Jug Jug Baanee Sabadh Pashhaanee Naao Meethaa Manehi Piaaraa ||2||	Throughout the ages, through the Word of His Bani, His Shabad is realized, and the Name becomes so sweet and beloved to the mind. ||2||	ਗੁਰੂ ਦੇ ਸ਼ਬਦ ਦੀ ਰਾਹੀਂ ਉਸ ਨੂੰ ਇਹ ਪਛਾਣ ਆ ਗਈ ਕਿ (ਪਰਮਾਤਮਾ ਨਾਲ ਮਿਲਾਪ ਦਾ ਵਸੀਲਾ) ਹਰੇਕ ਜੁਗ ਵਿਚ ਗੁਰੂ ਦੀ ਬਾਣੀ ਹੀ ਹੈ, ਪਰਮਾਤਮਾ ਦਾ ਨਾਮ ਉਸ ਨੂੰ ਆਪਣੇ ਮਨ ਵਿਚ ਪਿਆਰਾ ਲੱਗਣ ਲੱਗ ਪਿਆ ॥੨॥

26306	602	ਸਤਿਗੁਰੁ ਸੇਵਿ ਜਿਨਿ ਨਾਮੁ ਪਛਾਤਾ ਸਫਲ ਜਨਮੁ ਜਗਿ ਆਇਆ॥	ਜੱਗਿ	Sathigur Saev Jin Naam Pashhaathaa Safal Janam Jag Aaeiaa ||	Serving the Guru, one realizes the Naam, the Name of the Lord; fruitful is his life, and his coming into the world.	ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਨਾਲ ਸਾਂਝ ਪਾ ਲਈ, ਜਗਤ ਵਿਚ ਆ ਕੇ ਉਸਦੀ ਜ਼ਿੰਦਗੀ ਕਾਮਯਾਬ ਹੋ ਗਈ।
26307	602	ਹਰਿ ਰਸੁ ਚਾਖਿ ਸਦਾ ਮਨੁ ਤ੍ਰਿਪਤਿਆ ਗੁਣ ਗਾਵੈ ਗੁਣੀ ਅਘਾਇਆ॥		Har Ras Chaakh Sadhaa Man Thripathiaa Gun Gaavai Gunee Aghaaeiaa ||	Tasting the sublime elixir of the Lord, his mind is satisfied and satiated forever; singing the Glories of the Glorious Lord, he is fulfilled and satisfied.	ਪਰਮਾਤਮਾ ਦੇ ਨਾਮ ਸੁਆਦ ਚੱਖ ਕੇ ਉਸ ਦਾ ਮਨ ਸਦਾ ਲਈ ਤ੍ਰਿਪਤ ਹੋ ਜਾਂਦਾ ਹੈ, ਉਹ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਤੇ, ਗੁਣਾਂ ਦੀ ਰਾਹੀਂ ਮਾਇਆ ਵਲੋਂ ਰੱਜ ਜਾਂਦਾ ਹੈ।
26308	602	ਕਮਲੁ ਪ੍ਰਗਾਸਿ ਸਦਾ ਰੰਗਿ ਰਾਤਾ ਅਨਹਦ ਸਬਦੁ ਵਜਾਇਆ॥		Kamal Pragaas Sadhaa Rang Raathaa Anehadh Sabadh Vajaaeiaa ||	The lotus of his heart blossoms forth, he is ever imbued with the Lord's Love, and the unstruck melody of the Shabad resounds within him.	ਉਸ ਦਾ ਹਿਰਦਾ-ਕਮਲ ਖਿੜ ਕੇ ਸਦਾ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਉਹ (ਆਪਣੇ ਹਿਰਦੇ ਵਿਚ) ਇਕ-ਰਸ ਗੁਰ-ਸ਼ਬਦ (ਦਾ ਵਾਜਾ) ਵਜਾਂਦਾ ਰਹਿੰਦਾ ਹੈ।

26309	602	ਤਨੁ ਮਨੁ ਨਿਰਮਲੁ ਨਿਰਮਲ ਬਾਣੀ ਸਚੇ ਸਚਿ ਸਮਾਇਆ॥੩॥		Than Man Niramal Niramal Baanee Sachae Sach Samaaeiaa ||3||	His body and mind become immaculately pure; his speech becomes immaculate as well, and he merges in the Truest of the True. ||3||	ਪਵਿਤ੍ਰ ਬਾਣੀ ਦੀ ਬਰਕਤਿ ਨਾਲ ਉਸ ਦਾ ਮਨ ਪਵਿਤ੍ਰ ਹੋ ਜਾਂਦਾ ਹੈ, ਉਸ ਦਾ ਸਰੀਰ ਪਵਿਤ੍ਰ ਹੋ ਜਾਂਦਾ ਹੈ, ਉਹ ਸਦਾ-ਥਿਰ ਪ੍ਰਭੂ ਵਿਚ ਹੀ ਲੀਨ ਰਹਿੰਦਾ ਹੈ ॥੩॥
26310	602	ਰਾਮ ਨਾਮ ਕੀ ਗਤਿ ਕੋਇ ਨ ਬੂਝੈ ਗੁਰਮਤਿ ਰਿਦੈ ਸਮਾਈ॥		Raam Naam Kee Gath Koe N Boojhai Guramath Ridhai Samaaee ||	No one knows the state of the Lord's Name; through the Guru's Teachings, it comes to abide in the heart.	ਕੋਈ ਮਨੁੱਖ ਨਹੀਂ ਸਮਝ ਸਕਦਾ ਕਿ ਪਰਮਾਤਮਾ ਦੇ ਨਾਮ ਨਾਲ ਕਿਤਨੀ ਕੁ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ (ਉਂਞ) ਗੁਰੂ ਦੀ ਮਤਿ ਲਿਆਂ ਨਾਮ (ਮਨੁੱਖ ਦੇ) ਹਿਰਦੇ ਵਿਚ ਆ ਵੱਸਦਾ ਹੈ।
26311	602	ਗੁਰਮੁਖਿ ਹੋਵੈ ਸੁ ਮਗੁ ਪਛਾਣੈ ਹਰਿ ਰਸਿ ਰਸਨ ਰਸਾਈ॥		Guramukh Hovai S Mag Pashhaanai Har Ras Rasan Rasaaee ||	One who becomes Gurmukh, understands the Path; his tongue savors the sublime essence of the Lord's Nectar.	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੋ ਜਾਂਦਾ ਹੈ ਉਹ (ਪਰਮਾਤਮਾ ਦੇ ਮਿਲਾਪ ਦਾ) ਰਸਤਾ ਪਛਾਣ ਲੈਂਦਾ ਹੈ, ਉਸ ਦੀ ਜੀਭ ਨਾਮ-ਰਸ ਨਾਲ ਰਸ ਬਣ ਜਾਂਦੀ ਹੈ।

26312	602	ਜਪੁ ਤਪੁ ਸੰਜਮੁ ਸਭੁ ਗੁਰ ਤੇ ਹੋਵੈ ਹਿਰਦੈ ਨਾਮੁ ਵਸਾਈ॥		Jap Thap Sanjam Sabh Gur Thae Hovai Hiradhai Naam Vasaaee ||	Meditation, austere self-discipline and self-restraint are all obtained from the Guru; the Naam, the Name of the Lord, comes to abide within the heart.	ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਹਿਰਦੇ ਵਿਚ ਆ ਵੱਸਦਾ ਹੈ-ਇਹੀ ਹੈ ਜਪ, ਇਹੀ ਹੈ ਤਪ, ਇਹੀ ਹੈ ਸੰਜਮ।
26313	602	ਨਾਨਕ ਨਾਮੁ ਸਮਾਲਹਿ ਸੇ ਜਨ ਸੋਹਨਿ ਦਰਿ ਸਾਚੈ ਪਤਿ ਪਾਈ॥੪॥੭॥		Naanak Naam Samaalehi Sae Jan Sohan Dhar Saachai Path Paaee ||4||7||	O Nanak, those humble beings who praise the Naam are beautiful; they are honored in the Court of the True Lord. ||4||7||	ਹੇ ਨਾਨਕ! ਜੇਹੜੇ ਮਨੁੱਖ ਪ੍ਰਭੂ ਦਾ ਨਾਮ ਹਿਰਦੇ ਵਿਚ ਵਸਾਈ ਰੱਖਦੇ ਹਨ, ਉਹ ਸੋਹਣੇ ਜੀਵਨ ਵਾਲੇ ਬਣ ਜਾਂਦੇ ਹਨ, ਸਦਾ-ਥਿਰ ਪ੍ਰਭੂ ਦੇ ਦਰ ਤੇ ਉਹਨਾਂ ਨੂੰ ਇੱਜ਼ਤ ਮਿਲਦੀ ਹੈ ॥੪॥੭॥
26314	602	ਸੋਰਠਿ ਮਃ ੩ ਦੁਤੁਕੇ॥	ਦੁ-ਤੁਕੇ	Sorath Ma 3 Dhuthukae ||	Sorat'h, Third Mehl, Du-Tukas:	
26315	602	ਸਤਿਗੁਰ ਮਿਲਿਐ ਉਲਟੀ ਭਈ ਭਾਈ ਜੀਵਤ ਮਰੈ ਤਾ ਬੂਝ ਪਾਇ॥		Sathigur Miliai Oulattee Bhee Bhaaee Jeevath Marai Thaa Boojh Paae ||	Meeting the True Guru, one turns away from the world, O Siblings of Destiny; when he remains dead while yet alive, he obtains true understanding.	ਹੇ ਭਾਈ! ਜੇ ਗੁਰੂ ਮਿਲ ਪਏ, ਤਾਂ ਮਨੁੱਖ ਆਤਮਕ ਜੀਵਨ ਦੀ ਸਮਝ ਹਾਸਲ ਕਰ ਲੈਂਦਾ ਹੈ, ਮਨੁੱਖ ਦੀ ਸੁਰਤਿ ਵਿਕਾਰਾਂ ਵਲੋਂ ਪਰਤ ਪੈਂਦੀ ਹੈ, ਦੁਨੀਆ ਦੇ ਕਾਰ-ਵਿਹਾਰ ਕਰਦਾ ਹੋਇਆ ਹੀ ਮਨੁੱਖ ਵਿਕਾਰਾਂ ਵਲੋਂ ਅਛੋਹ ਹੋ ਜਾਂਦਾ ਹੈ।

26316	602	ਸੋ ਗੁਰੂ ਸੋ ਸਿਖੁ ਹੈ ਭਾਈ ਜਿਸੁ ਜੋਤੀ ਜੋਤਿ ਮਿਲਾਇ॥੧॥		So Guroo So Sikh Hai Bhaaee Jis Jothee Joth Milaae ||1||	He alone is the Guru, and he alone is a Sikh, O Siblings of Destiny, whose light merges in the Light. ||1||	ਹੇ ਭਾਈ! ਜਿਸ ਮਨੁੱਖ ਦੀ ਆਤਮਾ ਨੂੰ ਗੁਰੂ ਪਰਮਾਤਮਾ ਵਿਚ ਮਿਲਾ ਦੇਂਦਾ ਹੈ, ਉਹ (ਅਸਲ) ਸਿੱਖ ਬਣ ਜਾਂਦਾ ਹੈ ॥੧॥
26317	602	ਮਨ ਰੇ ਹਰਿ ਹਰਿ ਸੇਤੀ ਲਿਵ ਲਾਇ॥		Man Rae Har Har Saethee Liv Laae ||	O my mind, be lovingly attuned to the Name of the Lord, Har, Har.	ਹੇ ਮਨ! ਸਦਾ ਪਰਮਾਤਮਾ ਨਾਲ ਸੁਰਤਿ ਜੋੜੀ ਰੱਖ।
26318	602	ਮਨ ਹਰਿ ਜਪਿ ਮੀਠਾ ਲਾਗੈ ਭਾਈ ਗੁਰਮੁਖਿ ਪਾਏ ਹਰਿ ਥਾਇ॥ਰਹਾਉ॥		Man Har Jap Meethaa Laagai Bhaaee Guramukh Paaeae Har Thhaae || Rehaao ||	Chanting the Name of the Lord, it seems so sweet to the mind, O Siblings of Destiny; the Gurmukhs obtain a place in the Court of the Lord. ||Pause||	ਹੇ ਮਨ! ਮੁੜ ਮੁੜ ਜਪ ਜਪ ਕੇ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ। ਹੇ ਭਾਈ! ਗੁਰੂ ਦੀ ਸ਼ਰਨ ਪੈਣ ਵਾਲਾ ਮਨੁੱਖ ਪ੍ਰਭੂ ਦੀ ਹਜ਼ੂਰੀ ਵਿਚ (ਥਾਂ) ਲੱਭ ਲੈਂਦਾ ਹੈ ਰਹਾਉ॥
26319	603	ਬਿਨੁ ਗੁਰ ਪ੍ਰੀਤਿ ਨ ਊਪਜੈ ਭਾਈ ਮਨਮੁਖਿ ਦੂਜੈ ਭਾਇ॥		Bin Gur Preeth N Oopajai Bhaaee Manamukh Dhoojai Bhaae ||	Without the Guru, love for the Lord does not well up, O Siblings of Destiny; the self-willed manmukhs are engrossed in the love of duality.	ਹੇ ਭਾਈ! ਗੁਰੂ ਤੋਂ ਬਿਨਾ (ਮਨੁੱਖ ਦਾ ਪ੍ਰਭੂ ਵਿਚ) ਪਿਆਰ ਪੈਦਾ ਨਹੀਂ ਹੁੰਦਾ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਪ੍ਰਭੂ ਨੂੰ ਛੱਡ ਕੇ) ਹੋਰ ਹੋਰ ਦੇ ਪਿਆਰ ਵਿਚ ਟਿਕਿਆ ਰਹਿੰਦਾ ਹੈ।

26320	603	ਤੁਹ ਕੁਟਹਿ ਮਨਮੁਖ ਕਰਮ ਕਰਹਿ ਭਾਈ ਪਲੈ ਕਿਛੂ ਨ ਪਾਇ॥੨॥	ਨਾਮ ਰੂਪੀ ਦਾਣੇ ਰਹਿਤ (ਤੁਹ) ਫੋਕੇ। ਪੱਲੈ	Thuh Kuttehi Manamukh Karam Karehi Bhaaee Palai Kishhoo N Paae ||2||	Actions performed by the manmukh are like the threshing of the chaff - they obtain nothing for their efforts. ||2||	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਜੋ ਭੀ ਧਾਰਮਿਕ) ਕੰਮ ਕਰਦੇ ਹਨ ਉਹ (ਮਾਨੋ) ਤੁਹ ਹੀ ਕੁੱਟਦੇ ਹਨ, (ਉਹਨਾਂ ਨੂੰ ਉਹਨਾਂ ਕਰਮਾਂ ਵਿਚੋਂ) ਹਾਸਲ ਕੁਝ ਨਹੀਂ ਹੁੰਦਾ (ਜਿਵੇਂ ਤੁਹਾਂ ਵਿਚੋਂ ਕੁਝ ਨਹੀਂ ਮਿਲਦਾ) ॥੨॥
26321	603	ਗੁਰ ਮਿਲਿਐ ਨਾਮੁ ਮਨਿ ਰਵਿਆ ਭਾਈ ਸਾਚੀ ਪ੍ਰੀਤਿ ਪਿਆਰਿ॥		Gur Miliai Naam Man Raviaa Bhaaee Saachee Preeth Piaar ||	Meeting the Guru, the Naam comes to permeate the mind, O Siblings of Destiny, with true love and affection.	ਹੇ ਭਾਈ! ਜੇ ਮਨੁੱਖ ਨੂੰ ਗੁਰੂ ਮਿਲ ਪਏ, ਤਾਂ ਪਰਮਾਤਮਾ ਦਾ ਨਾਮ ਉਸ ਦੇ ਮਨ ਵਿਚ ਸਦਾ ਵੱਸਿਆ ਰਹਿੰਦਾ ਹੈ, ਮਨੁੱਖ ਸਦਾ-ਥਿਰ ਪ੍ਰਭੂ ਦੀ ਪ੍ਰੀਤਿ ਵਿਚ ਪਿਆਰ ਵਿਚ ਮਗਨ ਰਹਿੰਦਾ ਹੈ।
26322	603	ਸਦਾ ਹਰਿ ਕੇ ਗੁਣ ਰਵੈ ਭਾਈ ਗੁਰ ਕੈ ਹੇਤਿ ਅਪਾਰਿ॥੩॥		Sadhaa Har Kae Gun Ravai Bhaaee Gur Kai Haeth Apaar ||3||	He always sings the Glorious Praises of the Lord, O Siblings of Destiny, with infinite love for the Guru. ||3||	ਹੇ ਭਾਈ! ਗੁਰੂ ਦੇ ਬਖ਼ਸ਼ੇ ਅਤੁੱਟ ਪਿਆਰ ਦੀ ਬਰਕਤਿ ਨਾਲ ਉਹ ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੩॥
26323	603	ਆਇਆ ਸੋ ਪਰਵਾਣੁ ਹੈ ਭਾਈ ਜਿ ਗੁਰ ਸੇਵਾ ਚਿਤੁ ਲਾਇ॥		Aaeiaa So Paravaan Hai Bhaaee J Gur Saevaa Chith Laae ||	How blessed and approved is his coming into the world, O Siblings of Destiny, who focuses his mind on serving the Guru.	ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਦੱਸੀ ਸੇਵਾ ਵਿਚ ਚਿੱਤ ਜੋੜਦਾ ਹੈ ਉਸ ਦਾ ਜਗਤ ਵਿਚ ਆਉਣਾ ਸਫਲ ਹੋ ਜਾਂਦਾ ਹੈ।

26324	603	ਨਾਨਕ ਨਾਮੁ ਹਰਿ ਪਾਈਐ ਭਾਈ ਗੁਰ ਸਬਦੀ ਮੇਲਾਇ॥੪॥੮॥		Naanak Naam Har Paaeeai Bhaaee Gur Sabadhee Maelaae ||4||8||	O Nanak, the Name of the Lord is obtained, O Siblings of Destiny, through the Word of the Guru's Shabad, and we merge with the Lord. ||4||8||	ਹੇ ਨਾਨਕ! ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਪ੍ਰਾਪਤ ਹੋ ਜਾਂਦਾ ਹੈ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਪ੍ਰਭੂ ਨਾਲ ਮਿਲਾਪ ਹੋ ਜਾਂਦਾ ਹੈ ॥੪॥੮॥
26325	603	ਸੋਰਠਿ ਮਹਲਾ ੩ ਘਰੁ ੧॥		Sorath Mehalaa 3 Ghar 1 ||	Sorat'h, Third Mehl, First House:	
26326	603	ਤਿਹੀ ਗੁਣੀ ਤ੍ਰਿਭਵਣੁ ਵਿਆਪਿਆ ਭਾਈ ਗੁਰਮੁਖਿ ਬੂਝ ਬੁਝਾਇ॥	ਬੂੱਝ ਬੁੱਝਾਇ	Thihee Gunee Thribhavan Viaapiaa Bhaaee Guramukh Boojh Bujhaae ||	The three worlds are entangled in the three qualities, O Siblings of Destiny; the Guru imparts understanding.	ਹੇ ਭਾਈ! ਸਾਰਾ ਜਗਤ ਮਾਇਆ ਦੇ ਤਿੰਨਾਂ ਗੁਣਾਂ ਵਿਚ ਹੀ ਫਸਿਆ ਪਿਆ ਹੈ। ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈਂਦਾ ਹੈ (ਗੁਰੂ ਉਸ ਨੂੰ) ਆਤਮਕ ਜੀਵਨ ਦੀ ਸਮਝ ਬਖ਼ਸ਼ਦਾ ਹੈ।
26327	603	ਰਾਮ ਨਾਮਿ ਲਗਿ ਛੂਟੀਐ ਭਾਈ ਪੂਛਹੁ ਗਿਆਨੀਆ ਜਾਇ॥੧॥		Raam Naam Lag Shhootteeai Bhaaee Pooshhahu Giaaneeaa Jaae ||1||	Attached to the Lord's Name, one is emancipated, O Siblings of Destiny; go and ask the wise ones about this. ||1||	ਹੇ ਭਾਈ! ਪਰਮਾਤਮਾ ਦੇ ਨਾਮ ਵਿਚ ਲੀਨ ਹੋ ਕੇ (ਮਾਇਆ ਦੇ ਤਿੰਨਾਂ ਗੁਣਾਂ ਦੀ ਪਕੜ ਤੋਂ) ਬਚੀਦਾ ਹੈ, (ਆਪਣੀ ਤਸੱਲੀ ਵਾਸਤੇ) ਜਾ ਕੇ ਪੁੱਛ ਲਵੋ ਉਹਨਾਂ ਨੂੰ ਜਿਨ੍ਹਾਂ ਨੂੰ ਆਤਮਕ ਜੀਵਨ ਦੀ ਸਮਝ ਆ ਗਈ ਹੈ ॥੧॥

26328	603	ਮਨ ਰੇ ਤ੍ਰੈ ਗੁਣ ਛੋਡਿ ਚਉਥੈ ਚਿਤੁ ਲਾਇ॥		Man Rae Thrai Gun Shhodd Chouthhai Chith Laae ||	O mind, renounce the three qualities, and focus your consciousness on the fourth state.	ਹੇ ਮੇਰੇ ਮਨ! (ਮਾਇਆ ਦੇ) ਤਿੰਨ ਗੁਣਾਂ (ਦੇ ਪ੍ਰਭਾਵ) ਨੂੰ ਛੱਡ ਕੇ ਉਸ ਅਵਸਥਾ ਵਿਚ ਟਿਕ ਜਿਥੇ ਇਹਨਾਂ ਤਿੰਨਾਂ ਦਾ ਜ਼ੋਰ ਨਹੀਂ ਪੈਂਦਾ।
26329	603	ਹਰਿ ਜੀਉ ਤੇਰੈ ਮਨਿ ਵਸੈ ਭਾਈ ਸਦਾ ਹਰਿ ਕੇ ਗੁਣ ਗਾਇ॥ਰਹਾਉ॥		Har Jeeo Thaerai Man Vasai Bhaaee Sadhaa Har Kae Gun Gaae || Rehaao ||	The Dear Lord abides in the mind, O Siblings of Destiny; ever sing the Glorious Praises of the Lord. ||Pause||	ਹੇ ਭਾਈ! ਪਰਮਾਤਮਾ ਤੇਰੇ ਮਨ ਵਿਚ (ਹੀ) ਵੱਸਦਾ ਹੈ, ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਇਆ ਕਰ ਰਹਾਉ॥
26330	603	ਨਾਮੈ ਤੇ ਸਭਿ ਊਪਜੇ ਭਾਈ ਨਾਇ ਵਿਸਰਿਐ ਮਰਿ ਜਾਇ॥		Naamai Thae Sabh Oopajae Bhaaee Naae Visariai Mar Jaae ||	From the Naam, everyone originated, O Siblings of Destiny; forgetting the Naam, they die away.	ਹੇ ਭਾਈ! ਪਰਮਾਤਮਾ ਦੇ ਨਾਮ ਵਿਚ ਜੁੜ ਕੇ ਹੀ ਸਾਰੇ ਜੀਵ ਆਤਮਕ ਜੀਵਨ ਜੀਊ ਸਕਦੇ ਹਨ। ਜੇ ਨਾਮ ਵਿਸਰ ਜਾਏ, ਤਾਂ ਮਨੁੱਖ ਆਤਮਕ ਮੌਤੇ ਮਰ ਜਾਂਦਾ ਹੈ।
26331	603	ਅਗਿਆਨੀ ਜਗਤੁ ਅੰਧੁ ਹੈ ਭਾਈ ਸੂਤੇ ਗਏ ਮੁਹਾਇ॥੨॥	(ਮੁਹਾਇ) ਠੱਗੇ। ਜੱਗਤੁ	Agiaanee Jagath Andhh Hai Bhaaee Soothae Geae Muhaae ||2||	The ignorant world is blind, O Siblings of Destiny; those who sleep are plundered. ||2||	ਆਤਮਕ ਜੀਵਨ ਦੀ ਸਮਝ ਤੋਂ ਸੱਖਣਾ ਜਗਤ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਰਹਿੰਦਾ ਹੈ। ਮਾਇਆ ਦੇ ਮੋਹ ਵਿਚ ਸੁੱਤੇ ਹੋਏ ਮਨੁੱਖ ਆਤਮਕ ਜੀਵਨ ਦੀ ਰਾਸਿ-ਪੂੰਜੀ ਲੁਟਾ ਕੇ ਜਾਂਦੇ ਹਨ ॥੨॥

26332	603	ਗੁਰਮੁਖਿ ਜਾਗੇ ਸੇ ਉਬਰੇ ਭਾਈ ਭਵਜਲੁ ਪਾਰਿ ਉਤਾਰਿ॥		Guramukh Jaagae Sae Oubarae Bhaaee Bhavajal Paar Outhaar ||	Those Gurmukhs who remain awake are saved, O Siblings of Destiny; they cross over the terrifying world-ocean.	ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਜਾਗ ਪੈਂਦੇ ਹਨ ਉਹ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦੇ ਹਨ, (ਗੁਰੂ ਉਹਨਾਂ ਨੂੰ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ।
26333	603	ਜਗ ਮਹਿ ਲਾਹਾ ਹਰਿ ਨਾਮੁ ਹੈ ਭਾਈ ਹਿਰਦੈ ਰਖਿਆ ਉਰ ਧਾਰਿ॥੩॥		Jag Mehi Laahaa Har Naam Hai Bhaaee Hiradhai Rakhiaa Our Dhhaar ||3||	In this world, the Name of the Lord is the true profit, O Siblings of Destiny; keep it enshrined within your heart. ||3||	ਹੇ ਭਾਈ! ਗੁਰੂ ਦੀ ਸਰਨ ਪੈਣ ਵਾਲਾ ਮਨੁੱਖ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਸਾਂਭ ਕੇ ਰੱਖਦਾ ਹੈ, ਇਹ ਹਰਿ-ਨਾਮ ਹੀ ਜਗਤ ਵਿਚ (ਅਸਲ) ਲਾਭ ਹੈ ॥੩॥
26334	603	ਗੁਰ ਸਰਣਾਈ ਉਬਰੇ ਭਾਈ ਰਾਮ ਨਾਮਿ ਲਿਵ ਲਾਇ॥		Gur Saranaaee Oubarae Bhaaee Raam Naam Liv Laae ||	In the Guru's Sanctuary, O Siblings of Destiny, you shall be saved; be lovingly attuned to the Lord's Name.	ਹੇ ਭਾਈ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜ ਕੇ ਮਨੁੱਖ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦੇ ਹਨ।

26335	603	ਨਾਨਕ ਨਾਉ ਬੇੜਾ ਨਾਉ ਤੁਲਹੜਾ ਭਾਈ ਜਿਤੁ ਲਗਿ ਪਾਰਿ ਜਨ ਪਾਇ॥੪॥੯॥		Naanak Naao Baerraa Naao Thuleharraa Bhaaee Jith Lag Paar Jan Paae ||4||9||	O Nanak, the Name of the Lord is the boat, and the Name is the raft, O Siblings of Destiny; setting out on it, the Lord's humble servant crosses over the world-ocean. ||4||9||	ਹੇ ਨਾਨਕ! (ਆਖ-) ਹੇ ਭਾਈ! ਪਰਮਾਤਮਾ ਦਾ ਨਾਮ ਹੀ ਜਹਾਜ਼ ਹੈ, ਹਰਿ-ਨਾਮ ਹੀ ਤੁਲਹਾ ਹੈ ਜਿਸ ਵਿਚ ਚੜ੍ਹ ਕੇ ਮਨੁੱਖ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ ॥੪॥੯॥
26336	603	ਸੋਰਠਿ ਮਹਲਾ ੩ ਘਰੁ ੧॥		Sorath Mehalaa 3 Ghar 1 ||	Sorat'h, Third Mehl, First House:	
26337	603	ਸਤਿਗੁਰੁ ਸੁਖਸਾਗਰੁ ਜਗ ਅੰਤਰਿ ਹੋਰ ਥੈ ਸੁਖੁ ਨਾਹੀ॥		Sathigur Sukh Saagar Jag Anthar Hor Thhai Sukh Naahee ||	The True Guru is the ocean of peace in the world; there is no other place of rest and peace.	ਹੇ ਭਾਈ! ਜਗਤ ਵਿਚ ਗੁਰੂ (ਹੀ) ਸੁਖ ਦਾ ਸਮੁੰਦਰ ਹੈ, (ਗੁਰੂ ਤੋਂ ਬਿਨਾ) ਕਿਸੇ ਹੋਰ ਥਾਂ ਸੁਖ ਨਹੀਂ ਮਿਲਦਾ।
26338	603	ਹਉਮੈ ਜਗਤੁ ਦੁਖਿ ਰੋਗਿ ਵਿਆਪਿਆ ਮਰਿ ਜਨਮੈ ਰੋਵੈ ਧਾਹੀ॥੧॥		Houmai Jagath Dhukh Rog Viaapiaa Mar Janamai Rovai Dhhaahee ||1||	The world is afflicted with the painful disease of egotism; dying, only to be reborn, it cries out in pain. ||1||	ਜਗਤ ਆਪਣੀ ਹਉਮੈ ਦੇ ਕਾਰਨ (ਗੁਰੂ ਤੋਂ ਖੁੰਝ ਕੇ) ਦੁੱਖ ਵਿਚ ਰੋਗ ਵਿਚ ਗ੍ਰਸਿਆ ਰਹਿੰਦਾ ਹੈ, ਮੁੜ ਮੁੜ ਜੰਮਦਾ ਮਰਦਾ ਹੈ, ਧਾਹਾਂ ਮਾਰ ਮਾਰ ਕੇ ਰੋਂਦਾ ਹੈ (ਦੁੱਖੀ ਹੁੰਦਾ ਹੈ) ॥੧॥
26339	603	ਪ੍ਰਾਣੀ ਸਤਿਗੁਰੁ ਸੇਵਿ ਸੁਖੁ ਪਾਇ॥		Praanee Sathigur Saev Sukh Paae ||	O mind, serve the True Guru, and obtain peace.	ਹੇ ਬੰਦੇ! ਗੁਰੂ ਦੀ ਸਰਨ ਪਉ, ਤੇ, ਆਤਮਕ ਆਨੰਦ ਮਾਣ।

26340	603	ਸਤਿਗੁਰੁ ਸੇਵਹਿ ਤਾ ਸੁਖੁ ਪਾਵਹਿ ਨਾਹਿ ਤ ਜਾਹਿਗਾ ਜਨਮੁ ਗਵਾਇ॥ਰਹਾਉ॥		Sathigur Saevehi Thaa Sukh Paavehi Naahi Th Jaahigaa Janam Gavaae || Rehaao ||	If you serve the True Guru, you shall find peace; otherwise, you shall depart, after wasting away your life in vain. ||Pause||	ਜੇ ਤੂੰ ਗੁਰੂ ਦੀ ਦੱਸੀ ਸੇਵਾ ਕਰੇਂਗਾ, ਤਾਂ ਸੁਖ ਪਾਏਂਗਾ। ਨਹੀਂ ਤਾਂ ਆਪਣਾ ਜੀਵਨ ਵਿਅਰਥ ਗੁਜ਼ਾਰ ਕੇ (ਇਥੋਂ) ਚਲਾ ਜਾਏਂਗਾ ਰਹਾਉ॥
26341	603	ਤ੍ਰੈ ਗੁਣ ਧਾਤੁ ਬਹੁ ਕਰਮ ਕਮਾਵਹਿ ਹਰਿ ਰਸ ਸਾਦੁ ਨ ਆਇਆ॥		Thrai Gun Dhhaath Bahu Karam Kamaavehi Har Ras Saadh N Aaeiaa ||	Led around by the three qualities, he does many deeds, but he does not come to taste and savor the subtle essence of the Lord.	ਹੇ ਭਾਈ! ਗੁਰੂ ਤੋਂ ਖੁੰਝੇ ਹੋਏ ਮਨੁੱਖ ਮਾਇਆ ਦੇ ਤਿੰਨਾਂ ਗੁਣਾਂ ਦੇ ਪ੍ਰਭਾਵ ਵਿਚ (ਮਿਥੇ ਹੋਏ ਧਾਰਮਿਕ) ਕਰਮ ਕਰਦੇ ਹਨ, ਪਰ ਉਹਨਾਂ ਨੂੰ ਪਰਮਾਤਮਾ ਦੇ ਨਾਮ ਦਾ ਸੁਆਦ ਨਹੀਂ ਆਉਂਦਾ।
26342	603	ਸੰਧਿਆ ਤਰਪਣੁ ਕਰਹਿ ਗਾਇਤ੍ਰੀ ਬਿਨੁ ਬੂਝੇ ਦੁਖੁ ਪਾਇਆ॥੨॥	ਉਂਗਲਾਂ ਤੇ ਦੱਭ ਦੇ ਛੱਲੇ ਚਾੜ੍ਹ ਕੇ ਸੂਰਜ ਨੂੰ ਪਾਣੀ ਦੇਣਾ ਤਰਪਣੁ ਹੈ	Sandhhiaa Tharapan Karehi Gaaeithree Bin Boojhae Dhukh Paaeiaa ||2||	He says his evening prayers, and makes offerings of water, and recites his morning prayers, but without true understanding, he still suffers in pain. ||2||	ਤਿੰਨੇ ਵੇਲੇ ਸੰਧਿਆ-ਪਾਠ ਕਰਦੇ ਹਨ, ਪਿਤਰਾਂ ਦੇਵਤਿਆਂ ਨੂੰ ਜਲ ਅਰਪਣ ਕਰਦੇ ਹਨ, ਗਾਇਤ੍ਰੀ-ਮੰਤ੍ਰ ਦਾ ਪਾਠ ਕਰਦੇ ਹਨ, ਪਰ ਆਤਮਕ ਜੀਵਨ ਦੀ ਸੂਝ ਤੋਂ ਬਿਨਾ ਉਹਨਾਂ ਨੂੰ ਦੁੱਖ ਹੀ ਮਿਲਦਾ ਹੈ ॥੨॥
26343	603	ਸਤਿਗੁਰੁ ਸੇਵੇ ਸੋ ਵਡਭਾਗੀ ਜਿਸ ਨੋ ਆਪਿ ਮਿਲਾਏ॥		Sathigur Saevae So Vaddabhaagee Jis No Aap Milaaeae ||	One who serves the True Guru is very fortunate; as the Lord so wills, he meets with the Guru.	ਹੇ ਭਾਈ! ਉਹ ਮਨੁੱਖ ਭਾਗਾਂ ਵਾਲਾ ਹੈ ਜੋ ਗੁਰੂ ਦੀ ਦੱਸੀ ਸੇਵਾ ਕਰਦਾ ਹੈ (ਪਰ ਗੁਰੂ ਉਸੇ ਨੂੰ ਮਿਲਦਾ ਹੈ) ਜਿਸ ਨੂੰ ਪਰਮਾਤਮਾ ਆਪ ਮਿਲਾਏ।

26344	603	ਹਰਿ ਰਸੁ ਪੀ ਜਨ ਸਦਾ ਤ੍ਰਿਪਤਾਸੇ ਵਿਚਹੁ ਆਪੁ ਗਵਾਏ॥੩॥		Har Ras Pee Jan Sadhaa Thripathaasae Vichahu Aap Gavaaeae ||3||	Drinking in the sublime essence of the Lord, His humble servants remain ever satisfied; they eradicate self-conceit from within themselves. ||3||	(ਗੁਰੂ ਦੀ ਸ਼ਰਨ ਪੈਣ ਵਾਲੇ) ਮਨੁੱਖ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ (ਗੁਰੂ ਪਾਸੋਂ) ਪਰਮਾਤਮਾ ਦੇ ਨਾਮ ਦਾ ਰਸ ਪੀ ਕੇ ਸਦਾ ਰੱਜੇ ਰਹਿੰਦੇ ਹਨ ॥੩॥
26345	603	ਇਹੁ ਜਗੁ ਅੰਧਾ ਸਭੁ ਅੰਧੁ ਕਮਾਵੈ ਬਿਨੁ ਗੁਰ ਮਗੁ ਨ ਪਾਏ॥		Eihu Jag Andhhaa Sabh Andhh Kamaavai Bin Gur Mag N Paaeae ||	This world is blind, and all act blindly; without the Guru, no one finds the Path.	ਹੇ ਭਾਈ! ਇਹ ਜਗਤ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਪਿਆ ਹੈ, ਅੰਨ੍ਹਿਆਂ ਵਾਲਾ ਹੀ ਕੰਮ ਸਦਾ ਕਰਦਾ ਹੈ। ਗੁਰੂ ਦੀ ਸਰਨ ਪੈਣ ਤੋਂ ਬਿਨਾ (ਜੀਵਨ ਦਾ ਸਹੀ) ਰਸਤਾ ਨਹੀਂ ਲੱਭ ਸਕਦਾ।
26346	603	ਨਾਨਕ ਸਤਿਗੁਰੁ ਮਿਲੈ ਤ ਅਖੀ ਵੇਖੈ ਘਰੈ ਅੰਦਰਿ ਸਚੁ ਪਾਏ॥੪॥੧੦॥	ਅੱਖੀਂ	Naanak Sathigur Milai Th Akhee Vaekhai Gharai Andhar Sach Paaeae ||4||10||	O Nanak, meeting with the True Guru, one sees with his eyes, and finds the True Lord within the home of his own being. ||4||10||	ਹੇ ਨਾਨਕ! ਜੇ ਇਸ ਨੂੰ ਗੁਰੂ ਮਿਲ ਪਏ, ਤਾਂ (ਪਰਮਾਤਮਾ ਨੂੰ) ਅੱਖਾਂ ਨਾਲ ਵੇਖ ਲੈਂਦਾ ਹੈ, ਆਪਣੇ ਹਿਰਦੇ-ਘਰ ਵਿਚ ਹੀ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਲੱਭ ਲੈਂਦਾ ਹੈ ॥੪॥੧੦॥
26347	603	ਸੋਰਠਿ ਮਹਲਾ ੩॥		Sorath Mehalaa 3 ||	Sorat'h, Third Mehl:	

26348	603	ਬਿਨੁ ਸਤਿਗੁਰ ਸੇਵੇ ਬਹੁਤਾ ਦੁਖੁ ਲਾਗਾ ਜੁਗ ਚਾਰੇ ਭਰਮਾਈ॥		Bin Sathigur Saevae Bahuthaa Dhukh Laagaa Jug Chaarae Bharamaaee ||	Without serving the True Guru, he suffers in terrible pain, and throughout the four ages, he wanders aimlessly.	ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ ਮਨੁੱਖ ਨੂੰ ਬਹੁਤ ਦੁੱਖ ਚੰਬੜਿਆ ਰਹਿੰਦਾ ਹੈ, ਮਨੁੱਖ ਸਦਾ ਹੀ ਭਟਕਦਾ ਫਿਰਦਾ ਹੈ।
26349	603	ਹਮ ਦੀਨ ਤੁਮ ਜੁਗੁ ਜੁਗੁ ਦਾਤੇ ਸਬਦੇ ਦੇਹਿ ਬੁਝਾਈ॥੧॥	ਜੁੱਗੁ। ਬੁੱਝਾਈ	Ham Dheen Thum Jug Jug Dhaathae Sabadhae Dhaehi Bujhaaee ||1||	I am poor and meek, and throughout the ages, You are the Great Giver - please, grant me the understanding of the Shabad. ||1||	ਹੇ ਪ੍ਰਭੂ! ਅਸੀਂ (ਜੀਵ, ਤੇਰੇ ਦਰ ਦੇ) ਮੰਗਤੇ ਹਾਂ, ਤੂੰ ਸਦਾ ਹੀ (ਸਾਨੂੰ) ਦਾਤਾਂ ਦੇਣ ਵਾਲਾ ਹੈਂ, (ਮੇਹਰ ਕਰ, ਗੁਰੂ ਦੇ) ਸ਼ਬਦ ਵਿਚ ਜੋੜ ਕੇ ਆਤਮਕ ਜੀਵਨ ਦੀ ਸਮਝ ਬਖ਼ਸ਼ ॥੧॥
26350	603	ਹਰਿ ਜੀਉ ਕ੍ਰਿਪਾ ਕਰਹੁ ਤੁਮ ਪਿਆਰੇ॥		Har Jeeo Kirapaa Karahu Thum Piaarae ||	O Dear Beloved Lord, please show mercy to me.	ਹੇ ਪਿਆਰੇ ਪ੍ਰਭੂ ਜੀ! (ਮੇਰੇ ਉਤੇ) ਮੇਹਰ ਕਰ,
26351	603	ਸਤਿਗੁਰੁ ਦਾਤਾ ਮੇਲਿ ਮਿਲਾਵਹੁ ਹਰਿ ਨਾਮੁ ਦੇਵਹੁ ਆਧਾਰੇ॥ਰਹਾਉ॥		Sathigur Dhaathaa Mael Milaavahu Har Naam Dhaevahu Aadhhaarae || Rehaao ||	Unite me in the Union of the True Guru, the Great Giver, and give me the support of the Lord's Name. ||Pause||	ਤੇਰੇ ਨਾਮ ਦੀ ਦਾਤਿ ਦੇਣ ਵਾਲਾ ਗੁਰੂ ਮੈਨੂੰ ਮਿਲਾ, ਅਤੇ (ਮੇਰੀ ਜ਼ਿੰਦਗੀ ਦਾ) ਸਹਾਰਾ ਆਪਣਾ ਨਾਮ ਮੈਨੂੰ ਦੇਹ ਰਹਾਉ॥

26352	603	ਮਨਸਾ ਮਾਰਿ ਦੁਬਿਧਾ ਸਹਜਿ ਸਮਾਣੀ ਪਾਇਆ ਨਾਮੁ ਅਪਾਰਾ॥		Manasaa Maar Dhubidhhaa Sehaj Samaanee Paaeiaa Naam Apaaraa ||	Conquering my desires and duality, I have merged in celestial peace, and I have found the Naam, the Name of the Infinite Lord.	(ਹੇ ਭਾਈ! ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਨੇ) ਬੇਅੰਤ ਪ੍ਰਭੂ ਦਾ ਨਾਮ ਹਾਸਲ ਕਰ ਲਿਆ (ਨਾਮ ਦੀ ਬਰਕਤਿ ਨਾਲ) ਵਾਸਨਾ ਨੂੰ ਮੁਕਾ ਕੇ ਉਸ ਦੀ ਮਾਨਸਕ ਡਾਂਵਾਂ-ਡੋਲ ਹਾਲਤ ਆਤਮਕ ਅਡੋਲਤਾ ਵਿਚ ਲੀਨ ਹੋ ਜਾਂਦੀ ਹੈ।
26353	603	ਹਰਿ ਰਸੁ ਚਾਖਿ ਮਨੁ ਨਿਰਮਲੁ ਹੋਆ ਕਿਲਬਿਖ ਕਾਟਣਹਾਰਾ॥੨॥		Har Ras Chaakh Man Niramal Hoaa Kilabikh Kaattanehaaraa ||2||	I have tasted the sublime essence of the Lord, and my soul has become immaculately pure; the Lord is the Destroyer of sins. ||2||	ਹੇ ਭਾਈ! ਪਰਮਾਤਮਾ ਦਾ ਨਾਮ ਸਾਰੇ ਪਾਪ ਕੱਟਣ ਦੇ ਸਮਰਥ ਹੈ (ਜੇਹੜਾ ਮਨੁੱਖ ਨਾਮ ਪ੍ਰਾਪਤ ਕਰ ਲੈਂਦਾ ਹੈ) ਹਰਿ-ਨਾਮ ਦਾ ਸੁਆਦ ਚੱਖ ਕੇ ਉਸ ਦਾ ਮਨ ਪਵਿਤ੍ਰ ਹੋ ਜਾਂਦਾ ਹੈ ॥੨॥
26354	604	ਸਬਦਿ ਮਰਹੁ ਫਿਰਿ ਜੀਵਹੁ ਸਦ ਹੀ ਤਾ ਫਿਰਿ ਮਰਣੁ ਨ ਹੋਈ॥		Sabadh Marahu Fir Jeevahu Sadh Hee Thaa Fir Maran N Hoee ||	Dying in the Word of the Shabad, you shall live forever, and you shall never die again.	ਹੇ ਭਾਈ! ਗੁਰੂ ਦੇ ਸ਼ਬਦ ਵਿਚ ਜੁੜ ਕੇ (ਵਿਕਾਰਾਂ ਵਲੋਂ) ਅਛੋਹ ਹੋ ਜਾਵੋ, ਫਿਰ ਸਦਾ ਲਈ ਹੀ ਆਤਮਕ ਜੀਵਨ ਜੀਉਂਦੇ ਰਹੋਗੇ, ਫਿਰ ਕਦੇ ਆਤਮਕ ਮੌਤ ਨੇੜੇ ਨਹੀਂ ਢੁਕੇਗੀ।

26355	604	ਅੰਮ੍ਰਿਤੁ ਨਾਮੁ ਸਦਾ ਮਨਿ ਮੀਠਾ ਸਬਦੇ ਪਾਵੈ ਕੋਈ॥੩॥		Anmrith Naam Sadhaa Man Meethaa Sabadhae Paavai Koee ||3||	The Ambrosial Nectar of the Naam is ever-sweet to the mind; but how few are those who obtain the Shabad. ||3||	ਜੇਹੜਾ ਭੀ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਹਰਿ-ਨਾਮ ਪ੍ਰਾਪਤ ਕਰ ਲੈਂਦਾ ਹੈ, ਉਸ ਨੂੰ ਇਹ ਆਤਮਕ ਜੀਵਨ ਦੇਣ ਵਾਲਾ ਨਾਮ ਸਦਾ ਲਈ ਮਨ ਵਿਚ ਮਿੱਠਾ ਲੱਗਣ ਲੱਗ ਪੈਂਦਾ ਹੈ ॥੩॥
26356	604	ਦਾਤੈ ਦਾਤਿ ਰਖੀ ਹਥਿ ਅਪਨੈ ਜਿਸੁ ਭਾਵੈ ਤਿਸੁ ਦੇਈ॥		Dhaathai Dhaath Rakhee Hathh Apanai Jis Bhaavai This Dhaeee ||	The Great Giver keeps His Gifts in His Hand; He gives them to those with whom He is pleased.	ਹੇ ਭਾਈ! ਦਾਤਾਰ ਨੇ (ਨਾਮ ਦੀ ਇਹ) ਦਾਤਿ ਆਪਣੇ ਹੱਥ ਵਿਚ ਰੱਖੀ ਹੋਈ ਹੈ, ਜਿਸ ਨੂੰ ਚਾਹੁੰਦਾ ਹੈ ਉਸ ਨੂੰ ਦੇ ਦੇਂਦਾ ਹੈ।
26357	604	ਨਾਨਕ ਨਾਮਿ ਰਤੇ ਸੁਖੁ ਪਾਇਆ ਦਰਗਹ ਜਾਪਹਿ ਸੇਈ॥੪॥੧੧॥	ਰੱਤੇ	Naanak Naam Rathae Sukh Paaeiaa Dharageh Jaapehi Saeee ||4||11||	O Nanak, imbued with the Naam, they find peace, and in the Court of the Lord, they are exalted. ||4||11||	ਹੇ ਨਾਨਕ! ਜੇਹੜੇ ਮਨੁੱਖ ਪ੍ਰਭੂ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ, ਉਹ (ਇਥੇ) ਸੁਖ ਮਾਣਦੇ ਹਨ, ਪਰਮਾਤਮਾ ਦੀ ਹਜ਼ੂਰੀ ਵਿਚ ਭੀ ਉਹੀ ਮਨੁੱਖ ਆਦਰ-ਮਾਣ ਪਾਂਦੇ ਹਨ ॥੪॥੧੧॥
26358	604	ਸੋਰਠਿ ਮਹਲਾ ੩॥		Sorath Mehalaa 3 ||	Sorat'h, Third Mehl:	
26359	604	ਸਤਿਗੁਰ ਸੇਵੇ ਤਾ ਸਹਜ ਧੁਨਿ ਉਪਜੈ ਗਤਿ ਮਤਿ ਤਦ ਹੀ ਪਾਏ॥		Sathigur Saevae Thaa Sehaj Dhhun Oupajai Gath Math Thadh Hee Paaeae ||	Serving the True Guru, the divine melody wells up within, and one is blessed with wisdom and salvation.	ਹੇ ਭਾਈ! ਜਦੋਂ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਤਦੋਂ (ਇਸ ਦੇ ਅੰਦਰ) ਆਤਮਕ ਅਡੋਲਤਾ ਦੀ ਰੌ ਚੱਲ ਪੈਂਦੀ ਹੈ। ਤਦੋਂ ਹੀ (ਗੁਰੂ ਦੀ ਸਰਨ ਪੈ ਕੇ ਹੀ) ਮਨੁੱਖ ਉੱਚੀ ਆਤਮਕ ਅਵਸਥਾ ਤੇ ਉੱਚੀ ਮਤਿ ਹਾਸਲ ਕਰਦਾ ਹੈ।

26360	604	ਹਰਿ ਕਾ ਨਾਮੁ ਸਚਾ ਮਨਿ ਵਸਿਆ ਨਾਮੇ ਨਾਮਿ ਸਮਾਏ॥੧॥		Har Kaa Naam Sachaa Man Vasiaa Naamae Naam Samaaeae ||1||	The True Name of the Lord comes to abide in the mind, and through the Name, one merges in the Name. ||1||	ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ ਮਨੁੱਖ ਦੇ ਮਨ ਵਿਚ ਆ ਵੱਸਦਾ ਹੈ, ਤੇ, ਮਨੁੱਖ ਸਦਾ ਨਾਮ ਵਿਚ ਹੀ ਲੀਨ ਰਹਿੰਦਾ ਹੈ ॥੧॥
26361	604	ਬਿਨੁ ਸਤਿਗੁਰ ਸਭੁ ਜਗੁ ਬਉਰਾਨਾ॥		Bin Sathigur Sabh Jag Bouraanaa ||	Without the True Guru, the whole world is insane.	ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ ਸਾਰਾ ਜਗਤ (ਮਾਇਆ ਦੇ ਮੋਹ ਵਿਚ) ਝੱਲਾ ਹੋਇਆ ਫਿਰਦਾ ਹੈ।
26362	604	ਮਨਮੁਖਿ ਅੰਧਾ ਸਬਦੁ ਨ ਜਾਣੈ ਝੂਠੈ ਭਰਮਿ ਭੁਲਾਨਾ॥ਰਹਾਉ॥		Manamukh Andhhaa Sabadh N Jaanai Jhoothai Bharam Bhulaanaa || Rehaao ||	The blind, self-willed manmukhs do not realize the Word of the Shabad; they are deluded by false doubts. ||Pause||	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ ਦੇ ਮੋਹ ਵਿਚ) ਅੰਨ੍ਹਾ ਹੋ ਕੇ ਗੁਰੂ ਦੇ ਸ਼ਬਦ ਨਾਲ ਡੂੰਘੀ ਸਾਂਝ ਨਹੀਂ ਪਾਂਦਾ। ਝੂਠੀ ਦੁਨੀਆ ਦੇ ਕਾਰਨ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ ਰਹਾਉ॥
26363	604	ਤ੍ਰੈ ਗੁਣ ਮਾਇਆ ਭਰਮਿ ਭੁਲਾਇਆ ਹਉਮੈ ਬੰਧਨ ਕਮਾਏ॥		Thrai Gun Maaeiaa Bharam Bhulaaeiaa Houmai Bandhhan Kamaaeae ||	The three-faced Maya had led them astray in doubt, and they are snared by the noose of egotism.	ਹੇ ਭਾਈ! ਮਨੁੱਖ ਤ੍ਰਿਗੁਣੀ ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ, ਤੇ, ਹਉਮੈ ਦੇ ਕਾਰਨ ਮੋਹ ਦੇ ਬੰਧਨ ਵਧਾਣ ਵਾਲੇ ਕੰਮ ਹੀ ਕਰਦਾ ਹੈ।

26364	604	ਜੰਮਣੁ ਮਰਣੁ ਸਿਰ ਊਪਰਿ ਊਭਉ ਗਰਭ ਜੋਨਿ ਦੁਖੁ ਪਾਏ॥੨॥	(ਊਭਉ) ਖੜਾ	Janman Maran Sir Oopar Oobho Garabh Jon Dhukh Paaeae ||2||	Birth and death hang over their heads, and being reborn from the womb, they suffer in pain. ||2||	ਉਸ ਦੇ ਸਿਰ ਉਤੇ ਜਨਮ ਮਰਨ ਦਾ ਗੇੜ ਹਰ ਵੇਲੇ ਟਿਕਿਆ ਰਹਿੰਦਾ ਹੈ, ਤੇ, ਜਨਮ ਮਰਨ ਵਿਚ ਪੈ ਕੇ ਦੁੱਖ ਸਹਿੰਦਾ ਰਹਿੰਦਾ ਹੈ ॥੨॥
26365	604	ਤ੍ਰੈ ਗੁਣ ਵਰਤਹਿ ਸਗਲ ਸੰਸਾਰਾ ਹਉਮੈ ਵਿਚਿ ਪਤਿ ਖੋਈ॥		Thrai Gun Varathehi Sagal Sansaaraa Houmai Vich Path Khoee ||	The three qualities permeate the whole world; acting in ego, it loses its honor.	ਹੇ ਭਾਈ! ਮਾਇਆ ਦੇ ਤਿੰਨ ਗੁਣ ਸਾਰੇ ਸੰਸਾਰ ਉੱਤੇ ਆਪਣਾ ਪਰਭਾਵ ਪਾਈ ਰੱਖਦੇ ਹਨ, (ਇਹਨਾਂ ਦੇ ਅਸਰ ਹੇਠ ਮਨੁੱਖ) ਹਉਮੈ ਵਿਚ ਫਸ ਕੇ ਇੱਜ਼ਤ ਗਵਾ ਲੈਂਦਾ ਹੈ।
26366	604	ਗੁਰਮੁਖਿ ਹੋਵੈ ਚਉਥਾ ਪਦੁ ਚੀਨੈ ਰਾਮ ਨਾਮਿ ਸੁਖੁ ਹੋਈ॥੩॥		Guramukh Hovai Chouthhaa Padh Cheenai Raam Naam Sukh Hoee ||3||	But one who becomes Gurmukh comes to realize the fourth state of celestial bliss; he finds peace through the Name of the Lord. ||3||	ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਉਸ ਆਤਮਕ ਅਵਸਥਾ ਨੂੰ ਪਛਾਣ ਲੈਂਦਾ ਹੈ ਜਿਥੇ ਮਾਇਆ ਦੇ ਤਿੰਨ ਗੁਣ ਅਸਰ ਨਹੀਂ ਪਾ ਸਕਦੇ, ਪਰਮਾਤਮਾ ਦੇ ਨਾਮ ਵਿਚ ਟਿਕ ਕੇ ਉਹ ਆਤਮਕ ਆਨੰਦ ਮਾਣਦਾ ਹੈ ॥੩॥
26367	604	ਤ੍ਰੈ ਗੁਣ ਸਭਿ ਤੇਰੇ ਤੂ ਆਪੇ ਕਰਤਾ ਜੋ ਤੂ ਕਰਹਿ ਸੁ ਹੋਈ॥		Thrai Gun Sabh Thaerae Thoo Aapae Karathaa Jo Thoo Karehi S Hoee ||	The three qualities are all Yours, O Lord; You Yourself created them. Whatever You do, comes to pass.	ਹੇ ਪ੍ਰਭੂ! ਮਾਇਆ ਦੇ ਇਹ ਤਿੰਨੇ ਗੁਣ ਤੇਰੇ ਹੀ ਬਣਾਏ ਹੋਏ ਹਨ, ਤੂੰ ਆਪ ਹੀ (ਸਭ ਦਾ) ਪੈਦਾ ਕਰਨ ਵਾਲਾ ਹੈਂ। (ਜਗਤ ਵਿਚ) ਉਹੀ ਹੁੰਦਾ ਹੈ ਜੋ ਤੂੰ ਕਰਦਾ ਹੈਂ।

26368	604	ਨਾਨਕ ਰਾਮ ਨਾਮਿ ਨਿਸਤਾਰਾ ਸਬਦੇ ਹਉਮੈ ਖੋਈ॥੪॥੧੨॥		Naanak Raam Naam Nisathaaraa Sabadhae Houmai Khoee ||4||12||	O Nanak, through the Lord's Name, one is emancipated; through the Shabad, he is rid of egotism. ||4||12||	ਹੇ ਨਾਨਕ! (ਆਖ-ਹੇ ਭਾਈ!) ਪਰਮਾਤਮਾ ਦੇ ਨਾਮ ਵਿਚ ਜੁੜਿਆਂ (ਮਾਇਆ ਦੇ ਤਿੰਨ ਗੁਣਾਂ ਤੋਂ) ਪੂਰੀ ਖ਼ਲਾਸੀ ਹੁੰਦੀ ਹੈ। ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਹੀ (ਆਪਣੇ ਅੰਦਰੋਂ) ਹਉਮੈ ਦੂਰ ਕਰ ਸਕਦਾ ਹੈ ॥੪॥੧੨॥
26369	604	ਸੋਰਠਿ ਮਹਲਾ ੪ ਘਰੁ ੧		Sorath Mehalaa 4 Ghar 1	Sorat'h, Fourth Mehl, First House:	ਰਾਗ ਸੋਰਠਿ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
26370	604	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
26371	604	ਆਪੇ ਆਪਿ ਵਰਤਦਾ ਪਿਆਰਾ ਆਪੇ ਆਪਿ ਅਪਾਹੁ॥	(ਅਪਾਹੁ) ਨਿਰਲੇਪ	Aapae Aap Varathadhaa Piaaraa Aapae Aap Apaahu ||	My Beloved Lord Himself pervades and permeates all; He Himself is, all by Himself.	ਹੇ ਭਾਈ! ਪ੍ਰਭੂ ਆਪ ਹੀ ਹਰ ਥਾਂ ਮੌਜੂਦ ਹੈ (ਵਿਆਪਕ ਹੁੰਦਿਆਂ ਭੀ) ਪ੍ਰਭੂ ਆਪ ਹੀ ਨਿਰਲੇਪ (ਭੀ) ਹੈ।
26372	604	ਵਣਜਾਰਾ ਜਗੁ ਆਪਿ ਹੈ ਪਿਆਰਾ ਆਪੇ ਸਾਚਾ ਸਾਹੁ॥		Vanajaaraa Jag Aap Hai Piaaraa Aapae Saachaa Saahu ||	My Beloved Himself is the trader in this world; He Himself is the true banker.	ਜਗਤ-ਵਣਜਾਰਾ ਪ੍ਰਭੂ ਆਪ ਹੀ ਹੈ (ਜਗਤ-ਵਣਜਾਰੇ ਨੂੰ ਰਾਸਿ-ਪੂੰਜੀ ਦੇਣ ਵਾਲਾ ਭੀ) ਸਦਾ ਕਾਇਮ ਰਹਿਣ ਵਾਲਾ ਪ੍ਰਭੂ ਆਪ ਹੀ ਸ਼ਾਹੂਕਾਰ ਹੈ।

26373	604	ਆਪੇ ਵਣਜੁ ਵਾਪਾਰੀਆ ਪਿਆਰਾ ਆਪੇ ਸਚੁ ਵੇਸਾਹੁ॥੧॥	(ਵੇਸਾਹੁ) ਪੂੰਜੀ	Aapae Vanaj Vaapaareeaa Piaaraa Aapae Sach Vaesaahu ||1||	My Beloved Himself is the trade and the trader; He Himself is the true credit. ||1||	ਪ੍ਰਭੂ ਆਪ ਹੀ ਵਣਜ ਹੈ, ਆਪ ਹੀ ਵਪਾਰ ਕਰਨ ਵਾਲਾ ਹੈ, ਆਪ ਸਦਾ-ਥਿਰ ਰਹਿਣ ਵਾਲਾ ਸਰਮਾਇਆ ਹੈ ॥੧॥
26374	604	ਜਪਿ ਮਨ ਹਰਿ ਹਰਿ ਨਾਮੁ ਸਲਾਹ॥		Jap Man Har Har Naam Salaah ||	O mind, meditate on the Lord, Har, Har, and praise His Name.	ਹੇ (ਮੇਰੇ) ਮਨ! ਸਦਾ ਪਰਮਾਤਮਾ ਦਾ ਨਾਮ ਸਿਮਰਿਆ ਕਰ, ਸਿਫ਼ਤ-ਸਾਲਾਹ ਕਰਿਆ ਕਰ।
26375	604	ਗੁਰ ਕਿਰਪਾ ਤੇ ਪਾਈਐ ਪਿਆਰਾ ਅੰਮ੍ਰਿਤੁ ਅਗਮ ਅਥਾਹ॥ਰਹਾਉ॥		Gur Kirapaa Thae Paaeeai Piaaraa Anmrith Agam Athhaah || Rehaao ||	By Guru's Grace, the Beloved, Ambrosial, unapproachable and unfathomable Lord is obtained. ||Pause||	(ਹੇ ਭਾਈ!) ਗੁਰੂ ਦੀ ਮੇਹਰ ਨਾਲ ਹੀ ਉਹ ਪਿਆਰਾ ਪ੍ਰਭੂ ਮਿਲ ਸਕਦਾ ਹੈ, ਜੋ ਆਤਮਕ ਜੀਵਨ ਦੇਣ ਵਾਲਾ ਹੈ, ਜੋ ਅਪਹੁੰਚ ਹੈ, ਤੇ, ਜੋ ਬਹੁਤ ਡੂੰਘਾ ਹੈ ਰਹਾਉ॥
26376	604	ਆਪੇ ਸੁਣਿ ਸਭ ਵੇਖਦਾ ਪਿਆਰਾ ਮੁਖਿ ਬੋਲੇ ਆਪਿ ਮੁਹਾਹੁ॥		Aapae Sun Sabh Vaekhadhaa Piaaraa Mukh Bolae Aap Muhaahu ||	The Beloved Himself sees and hears everything; He Himself speaks through the mouths of all beings.	ਹੇ ਭਾਈ! ਪ੍ਰਭੂ ਆਪ ਹੀ (ਜੀਵਾਂ ਦੀਆਂ ਅਰਦਾਸਾਂ) ਸੁਣ ਕੇ ਸਭ ਦੀ ਸੰਭਾਲ ਕਰਦਾ ਹੈ, ਆਪ ਹੀ ਮੂੰਹੋਂ (ਜੀਵਾਂ ਨੂੰ ਢਾਰਸ ਦੇਣ ਲਈ) ਮਿੱਠਾ ਬੋਲ ਬੋਲਦਾ ਹੈ।
26377	604	ਆਪੇ ਉਝੜਿ ਪਾਇਦਾ ਪਿਆਰਾ ਆਪਿ ਵਿਖਾਲੇ ਰਾਹੁ॥	ਉੱਝੜਿ	Aapae Oujharr Paaeidhaa Piaaraa Aap Vikhaalae Raahu ||	The Beloved Himself leads us into the wilderness, and He Himself shows us the Way.	ਪਿਆਰਾ ਪ੍ਰਭੂ ਆਪ ਹੀ (ਜੀਵਾਂ ਨੂੰ) ਕੁਰਾਹੇ ਪਾ ਦੇਂਦਾ ਹੈ, ਆਪ ਹੀ (ਜ਼ਿੰਦਗੀ ਦਾ ਸਹੀ) ਰਸਤਾ ਵਿਖਾਂਦਾ ਹੈ।

26378	604	ਆਪੇ ਹੀ ਸਭੁ ਆਪਿ ਹੈ ਪਿਆਰਾ ਆਪੇ ਵੇਪਰਵਾਹੁ॥੨॥		Aapae Hee Sabh Aap Hai Piaaraa Aapae Vaeparavaahu ||2||	The Beloved Himself is Himself all-in-all; He Himself is carefree. ||2||	ਹੇ ਭਾਈ! ਹਰ ਥਾਂ ਪ੍ਰਭੂ ਆਪ ਹੀ ਆਪ ਹੈ, (ਇਤਨੇ ਖਲਜਗਨ ਦਾ ਮਾਲਕ ਹੁੰਦਾ ਹੋਇਆ) ਪ੍ਰਭੂ ਬੇ-ਪਰਵਾਹ ਰਹਿੰਦਾ ਹੈ ॥੨॥
26379	604	ਆਪੇ ਆਪਿ ਉਪਾਇਦਾ ਪਿਆਰਾ ਸਿਰਿ ਆਪੇ ਧੰਧੜੈ ਲਾਹੁ॥		Aapae Aap Oupaaeidhaa Piaaraa Sir Aapae Dhhandhharrai Laahu ||	The Beloved Himself, all by Himself, created everything; He Himself links all to their tasks.	ਹੇ ਭਾਈ! ਪ੍ਰਭੂ ਆਪ ਹੀ (ਸਭ ਜੀਵਾਂ ਨੂੰ) ਪੈਦਾ ਕਰਦਾ ਹੈ, ਆਪ ਹੀ ਹਰੇਕ ਜੀਵ ਨੂੰ ਮਾਇਆ ਦੇ ਆਹਰ ਵਿਚ ਲਾਈ ਰੱਖਦਾ ਹੈ।
26380	604	ਆਪਿ ਕਰਾਏ ਸਾਖਤੀ ਪਿਆਰਾ ਆਪਿ ਮਾਰੇ ਮਰਿ ਜਾਹੁ॥	(ਸਾਖਤੀ) ਰਚਨਾ	Aap Karaaeae Saakhathee Piaaraa Aap Maarae Mar Jaahu ||	The Beloved Himself creates the Creation, and He Himself destroys it.	ਪ੍ਰਭੂ ਆਪ ਹੀ (ਜੀਵਾਂ ਦੀ) ਬਣਤਰ ਬਣਾਂਦਾ ਹੈ, ਆਪ ਹੀ ਮਾਰਦਾ ਹੈ, (ਤਾਂ ਉਸ ਦਾ ਪੈਦਾ ਕੀਤਾ ਜੀਵ) ਮਰ ਜਾਂਦਾ ਹੈ।
26381	604	ਆਪੇ ਪਤਣੁ ਪਾਤਣੀ ਪਿਆਰਾ ਆਪੇ ਪਾਰਿ ਲੰਘਾਹੁ॥੩॥	(ਪਤਣੁ) ਕਿਨਾਰਾ। (ਪਾਤਣੀ) ਮਲਾਹ	Aapae Pathan Paathanee Piaaraa Aapae Paar Langhaahu ||3||	He Himself is the wharf, and He Himself is the ferryman, who ferries us across. ||3||	ਪ੍ਰਭੂ ਆਪ ਹੀ (ਸੰਸਾਰ-ਨਦੀ ਉਤੇ) ਪੱਤਣ ਹੈ, ਆਪ ਹੀ ਮਲਾਹ ਹੈ, ਆਪ ਹੀ (ਜੀਵਾਂ ਨੂੰ) ਪਾਰ ਲੰਘਾਂਦਾ ਹੈ ॥੩॥

26382	604	ਆਪੇ ਸਾਗਰੁ ਬੋਹਿਥਾ ਪਿਆਰਾ ਗੁਰੁ ਖੇਵਟੁ ਆਪਿ ਚਲਾਹੁ॥	(ਬੋਹਿਥਾ) ਜਹਾਜ਼। (ਖੇਵਟੁ) ਮਲਾਹ	Aapae Saagar Bohithhaa Piaaraa Gur Khaevatt Aap Chalaahu ||	The Beloved Himself is the ocean, and the boat; He Himself is the Guru, the boatman who steers it	ਹੇ ਭਾਈ! ਪ੍ਰਭੂ ਆਪ ਹੀ (ਸੰਸਾਰ-) ਸਮੁੰਦਰ ਹੈ, ਆਪ ਹੀ ਜਹਾਜ਼ ਹੈ, ਆਪ ਹੀ ਗੁਰੂ-ਮਲਾਹ ਹੋ ਕੇ ਜਹਾਜ਼ ਨੂੰ ਚਲਾਂਦਾ ਹੈ।
26383	604	ਆਪੇ ਹੀ ਚੜਿ ਲੰਘਦਾ ਪਿਆਰਾ ਕਰਿ ਚੋਜ ਵੇਖੈ ਪਾਤਿਸਾਹੁ॥		Aapae Hee Charr Langhadhaa Piaaraa Kar Choj Vaekhai Paathisaahu ||	. The Beloved Himself sets sail and crosses over; He, the King, beholds His wondrous play.	ਪ੍ਰਭੂ ਆਪ ਹੀ (ਜਹਾਜ਼ ਵਿਚ) ਚੜ੍ਹ ਕੇ ਪਾਰ ਲੰਘਦਾ ਹੈ। ਪ੍ਰਭੂ-ਪਾਤਿਸ਼ਾਹ ਕੌਤਕ-ਤਮਾਸ਼ੇ ਕਰ ਕੇ ਆਪ ਹੀ (ਇਤਨਾ ਤਮਾਸ਼ਿਆਂ ਨੂੰ) ਵੇਖ ਰਿਹਾ ਹੈ।
26384	604	ਆਪੇ ਆਪਿ ਦਇਆਲੁ ਹੈ ਪਿਆਰਾ ਜਨ ਨਾਨਕ ਬਖਸਿ ਮਿਲਾਹੁ॥੪॥੧॥		Aapae Aap Dhaeiaal Hai Piaaraa Jan Naanak Bakhas Milaahu ||4||1||	The Beloved Himself is the Merciful Master; O servant Nanak, He forgives and blends with Himself. ||4||1||	ਹੇ ਨਾਨਕ! (ਆਖ-) ਪ੍ਰਭੂ ਆਪ ਹੀ (ਸਦਾ) ਦਇਆ ਦਾ ਸੋਮਾ ਹੈ, ਆਪ ਹੀ ਬਖ਼ਸ਼ਸ਼ ਕਰ ਕੇ (ਆਪਣੇ ਪੈਦਾ ਕੀਤੇ ਜੀਵਾਂ ਨੂੰ ਆਪਣੇ ਨਾਲ) ਮਿਲਾ ਲੈਂਦਾ ਹੈ ॥੪॥੧॥
26385	604	ਸੋਰਠਿ ਮਹਲਾ ੪ ਚਉਥਾ॥	ਚਉਥਾ ਚਉਥਾ ਪੜੋ	Sorath Mehalaa 4 Chouthhaa ||	Sorat'h, Fourth Mehl:	

26386	604	ਆਪੇ ਅੰਡਜ ਜੇਰਜ ਸੇਤਜ ਉਤਭੁਜ ਆਪੇ ਖੰਡ ਆਪੇ ਸਭ ਲੋਇ॥		Aapae Anddaj Jaeraj Saethaj Outhabhuj Aapae Khandd Aapae Sabh Loe ||	He Himself is born of the egg, from the womb, from sweat and from the earth; He Himself is the continents and all the worlds.	ਹੇ ਭਾਈ! ਪ੍ਰਭੂ ਆਪ ਹੀ (ਚਾਰੇ ਖਾਣੀਆਂ) ਅੰਡਜ ਜੇਰਜ ਸੇਤਜ ਉਤਭੁਜ ਹੈ, ਪ੍ਰਭੂ ਆਪ ਹੀ (ਧਰਤੀ ਦੇ ਨੌ) ਖੰਡ ਹੈ, ਪ੍ਰਭੂ ਆਪ ਹੀ (ਸ੍ਰਿਸ਼ਟੀ ਦੇ) ਸਾਰੇ ਭਵਨ ਹੈ।
26387	604	ਆਪੇ ਸੂਤੁ ਆਪੇ ਬਹੁ ਮਣੀਆ ਕਰਿ ਸਕਤੀ ਜਗਤੁ ਪਰੋਇ॥	ਜੱਗਤੁ	Aapae Sooth Aapae Bahu Maneeaa Kar Sakathee Jagath Paroe ||	He Himself is the thread, and He Himself is the many beads; through His Almighty Power, He has strung the worlds.	ਪ੍ਰਭੂ ਆਪ ਹੀ (ਸੱਤਿਆ-ਰੂਪ) ਧਾਗਾ ਹੈ, ਪ੍ਰਭੂ ਆਪ (ਬੇਅੰਤ ਜੀਵ ਰੂਪ) ਅਨੇਕਾਂ ਮਣਕੇ ਹੈ, ਪ੍ਰਭੂ ਆਪ ਹੀ ਆਪਣੀ ਤਾਕਤ ਬਣਾ ਕੇ ਜਗਤ ਨੂੰ (ਧਾਗੇ ਵਿਚ) ਪ੍ਰੋਂਦਾ ਹੈ।
26388	605	ਆਪੇ ਹੀ ਸੂਤਧਾਰੁ ਹੈ ਪਿਆਰਾ ਸੂਤੁ ਖਿੰਚੇ ਢਹਿ ਢੇਰੀ ਹੋਇ॥੧॥	ਅਪਣੀ ਜੋਤਿ ਨਾਲ ਅਨੰਤ ਬ੍ਰਹਮੰਡ ਰਚਣ ਸੰਭਾਲਣ ਦਾ ਨਾਟਕ ਖੇਡਣ ਵਾਲੇ (ਸੂਤਧਾਰੁ) ਨਟ	Aapae Hee Soothadhhaar Hai Piaaraa Sooth Khinchae Dtehi Dtaeree Hoe ||1||	He holds the thread, and when He withdraws the thread, the beads scatter into heaps. ||1||	ਪ੍ਰਭੂ ਆਪ ਹੀ ਧਾਗੇ ਨੂੰ ਆਪਣੇ ਹੱਥ ਵਿਚ ਫੜ ਰੱਖਣ ਵਾਲਾ ਹੈ। ਜਦੋਂ ਉਹ (ਜਗਤ ਵਿਚੋਂ) ਧਾਗੇ ਨੂੰ ਖਿੱਚ ਲੈਂਦਾ ਹੈ, ਤਦੋਂ (ਜਗਤ) ਢਹਿ ਕੇ ਢੇਰੀ ਹੋ ਜਾਂਦਾ ਹੈ (ਜਗਤ-ਰਚਨਾ ਮੁੱਕ ਜਾਂਦੀ ਹੈ) ॥੧॥
26389	605	ਮੇਰੇ ਮਨ ਮੈ ਹਰਿ ਬਿਨੁ ਅਵਰੁ ਨ ਕੋਇ॥		Maerae Man Mai Har Bin Avar N Koe ||	O my mind, there is no other than the Lord for me.	ਹੇ ਮੇਰੇ ਮਨ! ਮੈਨੂੰ ਪਰਮਾਤਮਾ ਤੋਂ ਬਿਨਾ (ਕਿਤੇ ਭੀ) ਕੋਈ ਹੋਰ ਨਹੀਂ ਦਿੱਸਦਾ।

26390	605	ਸਤਿਗੁਰ ਵਿਚਿ ਨਾਮੁ ਨਿਧਾਨੁ ਹੈ ਪਿਆਰਾ ਕਰਿ ਦਇਆ ਅੰਮ੍ਰਿਤੁ ਮੁਖਿ ਚੋਇ॥ਰਹਾਉ॥		Sathigur Vich Naam Nidhhaan Hai Piaaraa Kar Dhaeiaa Anmrith Mukh Choe || Rehaao ||	The treasure of the Beloved Naam is within the True Guru; in His Mercy, he pours the Ambrosial Nectar into my mouth. ||Pause||	ਉਸ ਪਰਮਾਤਮਾ ਦਾ ਨਾਮ-ਖ਼ਜ਼ਾਨਾ ਗੁਰੂ ਵਿਚ ਮੌਜੂਦ ਹੈ। ਗੁਰੂ ਮੇਹਰ ਕਰ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਸਿੱਖ ਦੇ) ਮੂੰਹ ਵਿਚ ਚੋਂਦਾ ਹੈ ਰਹਾਉ॥
26391	605	ਆਪੇ ਜਲ ਥਲਿ ਸਭਤੁ ਹੈ ਪਿਆਰਾ ਪ੍ਰਭੁ ਆਪੇ ਕਰੇ ਸੁ ਹੋਇ॥	ਸਭਤੁ:ਪੋਲਾ ਬੋਲੋ	Aapae Jal Thhal Sabhath Hai Piaaraa Prabh Aapae Karae S Hoe ||	The Beloved Himself is in all the oceans and lands; whatever God does, comes to pass.	ਹੇ ਭਾਈ! ਪ੍ਰਭੂ ਆਪ ਹੀ ਪਾਣੀ ਵਿਚ ਧਰਤੀ ਵਿਚ ਹਰ ਥਾਂ ਮੌਜੂਦ ਹੈ। ਪ੍ਰਭੂ ਆਪ ਹੀ ਜੋ ਕੁਝ ਕਰਦਾ ਹੈ ਉਹ (ਜਗਤ ਵਿਚ) ਵਾਪਰਦਾ ਹੈ।
26392	605	ਸਭਨਾ ਰਿਜਕੁ ਸਮਾਹਦਾ ਪਿਆਰਾ ਦੂਜਾ ਅਵਰੁ ਨ ਕੋਇ॥	(ਸਮਾਹਦਾ) ਪਹੁੰਚਾਉਂਦਾ	Sabhanaa Rijak Samaahadhaa Piaaraa Dhoojaa Avar N Koe ||	The Beloved brings nourishment to all; there is no other than Him.	ਪ੍ਰਭੂ ਆਪ ਹੀ ਸਭ ਜੀਵਾਂ ਨੂੰ ਰਿਜ਼ਕ ਅਪੜਾਂਦਾ ਹੈ (ਰਿਜ਼ਕ ਅਪੜਾਣ ਵਾਲਾ) ਉਸ ਤੋਂ ਬਿਨਾ ਕੋਈ ਹੋਰ ਨਹੀਂ ਹੈ।
26393	605	ਆਪੇ ਖੇਲ ਖੇਲਾਇਦਾ ਪਿਆਰਾ ਆਪੇ ਕਰੇ ਸੁ ਹੋਇ॥੨॥		Aapae Khael Khaelaaeidhaa Piaaraa Aapae Karae S Hoe ||2||	The Beloved Himself plays, and whatever He Himself does, comes to pass. ||2||	ਪ੍ਰਭੂ ਆਪ ਹੀ (ਜਗਤ ਦੇ ਸਾਰੇ) ਖੇਡ ਖਿਡਾ ਰਿਹਾ ਹੈ, ਉਹ ਆਪ ਹੀ ਜੋ ਕੁਝ ਕਰਦਾ ਹੈ ਉਹੀ ਹੁੰਦਾ ਹੈ ॥੨॥

26394	605	ਆਪੇ ਹੀ ਆਪਿ ਨਿਰਮਲਾ ਪਿਆਰਾ ਆਪੇ ਨਿਰਮਲ ਸੋਇ॥		Aapae Hee Aap Niramalaa Piaaraa Aapae Niramal Soe ||	The Beloved Himself, all by Himself, is immaculate and pure; He Himself is immaculate and pure.	ਹੇ ਭਾਈ! ਪਵਿਤ੍ਰ ਪ੍ਰਭੂ (ਹਰ ਥਾਂ) ਆਪ ਹੀ ਆਪ ਹੈ, ਉਹ ਆਪ ਹੀ ਪਵਿਤ੍ਰ ਸੋਭਾ ਦਾ ਮਾਲਕ ਹੈ।
26395	605	ਆਪੇ ਕੀਮਤਿ ਪਾਇਦਾ ਪਿਆਰਾ ਆਪੇ ਕਰੇ ਸੁ ਹੋਇ॥		Aapae Keemath Paaeidhaa Piaaraa Aapae Karae S Hoe ||	The Beloved Himself determines the value of all; whatever He does comes to pass.	ਪ੍ਰਭੂ ਆਪ ਹੀ ਆਪਣਾ ਮੁੱਲ ਪਾ ਸਕਣ ਵਾਲਾ ਹੈ, ਜੋ ਕੁਝ ਉਹ ਆਪ ਹੀ ਕਰਦਾ ਹੈ ਉਹੀ ਹੁੰਦਾ ਹੈ।
26396	605	ਆਪੇ ਅਲਖੁ ਨ ਲਖੀਐ ਪਿਆਰਾ ਆਪਿ ਲਖਾਵੈ ਸੋਇ॥੩॥	ਅ-ਲਖੁ:ਪੋਲਾ ਬੋਲੋ	Aapae Alakh N Lakheeai Piaaraa Aap Lakhaavai Soe ||3||	The Beloved Himself is unseen - He cannot be seen; He Himself causes us to see. ||3||	ਪ੍ਰਭੂ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਉਹ ਅਦ੍ਰਿਸ਼ਟ ਹੈ। ਆਪਣੇ ਸਰੂਪ ਦੀ ਸਮਝ ਉਹ ਆਪ ਹੀ ਦੇਣ ਵਾਲਾ ਹੈ ॥੩॥
26397	605	ਆਪੇ ਗਹਿਰ ਗੰਭੀਰੁ ਹੈ ਪਿਆਰਾ ਤਿਸੁ ਜੇਵਡੁ ਅਵਰੁ ਨ ਕੋਇ॥		Aapae Gehir Ganbheer Hai Piaaraa This Jaevadd Avar N Koe ||	The Beloved Himself is deep and profound and unfathomable; there is no other as great as He.	ਹੇ ਭਾਈ! ਪ੍ਰਭੂ ਹੀ (ਮਾਨੋ, ਇਕ) ਬੇਅੰਤ ਡੂੰਘਾ (ਸਮੁੰਦਰ) ਹੈ। ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ।

26398	605	ਸਭਿ ਘਟ ਆਪੇ ਭੋਗਵੈ ਪਿਆਰਾ ਵਿਚਿ ਨਾਰੀ ਪੁਰਖ ਸਭੁ ਸੋਇ॥		Sabh Ghatt Aapae Bhogavai Piaaraa Vich Naaree Purakh Sabh Soe ||	The Beloved Himself enjoys every heart; He is contained within every woman and man.	ਸਾਰੇ ਜੀਵਾਂ ਵਿਚ ਵਿਆਪਕ ਹੋ ਕੇ ਆਪ ਹੀ ਸਾਰੇ ਭੋਗ ਭੋਗਦਾ ਹੈ, ਹਰੇਕ ਇਸਤ੍ਰੀ ਪੁਰਖ ਵਿਚ ਹਰ ਥਾਂ ਉਹ ਆਪ ਹੀ ਆਪ ਹੈ।
26399	605	ਨਾਨਕ ਗੁਪਤੁ ਵਰਤਦਾ ਪਿਆਰਾ ਗੁਰਮੁਖਿ ਪਰਗਟੁ ਹੋਇ॥੪॥੨॥		Naanak Gupath Varathadhaa Piaaraa Guramukh Paragatt Hoe ||4||2||	O Nanak, the Beloved is pervading everywhere, but He is hidden; through the Guru, He is revealed. ||4||2||	ਹੇ ਨਾਨਕ! ਉਹ ਪ੍ਰਭੂ ਸਾਰੇ ਜਗਤ ਵਿਚ ਲੁਕਿਆ ਹੋਇਆ ਮੌਜੂਦ ਹੈ। ਗੁਰੂ ਦੀ ਸਰਨ ਪਿਆਂ ਉਸ ਦੀ ਸਰਬ-ਵਿਆਪਕਤਾ ਦਾ ਪਰਕਾਸ਼ ਹੁੰਦਾ ਹੈ ॥੪॥੨॥
26400	605	ਸੋਰਠਿ ਮਹਲਾ ੪॥		Sorath Mehalaa 4 ||	Sorat'h, Fourth Mehl:	
26401	605	ਆਪੇ ਹੀ ਸਭੁ ਆਪਿ ਹੈ ਪਿਆਰਾ ਆਪੇ ਥਾਪਿ ਉਥਾਪੈ॥		Aapae Hee Sabh Aap Hai Piaaraa Aapae Thhaap Outhhaapai ||	He Himself, the Beloved, is Himself all-in-all; He Himself establishes and disestablishes.	ਹੇ ਭਾਈ! ਹਰ ਥਾਂ ਪ੍ਰਭੂ ਆਪ ਹੀ ਆਪ ਹੈ, ਆਪ ਹੀ (ਜਗਤ ਨੂੰ) ਪੈਦਾ ਕਰ ਕੇ ਆਪ ਹੀ ਨਾਸ ਕਰ ਦੇਂਦਾ ਹੈ।
26402	605	ਆਪੇ ਵੇਖਿ ਵਿਗਸਦਾ ਪਿਆਰਾ ਕਰਿ ਚੋਜ ਵੇਖੈ ਪ੍ਰਭੁ ਆਪੈ॥		Aapae Vaekh Vigasadhaa Piaaraa Kar Choj Vaekhai Prabh Aapai ||	The Beloved Himself beholds, and rejoices; God Himself works wonders, and beholds them.	ਪ੍ਰਭੂ ਆਪ ਹੀ (ਜਗਤ-ਰਚਨਾ ਨੂੰ) ਵੇਖ ਕੇ ਖ਼ੁਸ਼ ਹੁੰਦਾ ਹੈ, ਕੌਤਕ-ਤਮਾਸ਼ੇ ਰਚ ਕੇ ਆਪ ਹੀ ਵੇਖਦਾ ਹੈ, ਆਪਣੇ ਆਪ ਨੂੰ ਹੀ ਵੇਖਦਾ ਹੈ।

26403	605	ਆਪੇ ਵਣਿ ਤਿਣਿ ਸਭਤੁ ਹੈ ਪਿਆਰਾ ਆਪੇ ਗੁਰਮੁਖਿ ਜਾਪੈ॥੧॥		Aapae Van Thin Sabhath Hai Piaaraa Aapae Guramukh Jaapai ||1||	The Beloved Himself is contained in all the woods and meadows; as Gurmukh, He reveals Himself. ||1||	ਪ੍ਰਭੂ ਆਪ ਹੀ (ਹਰੇਕ) ਵਣ ਵਿਚ (ਹਰੇਕ) ਤੀਲੇ ਵਿਚ ਹਰ ਥਾਂ ਮੌਜੂਦ ਹੈ। ਗੁਰੂ ਦੀ ਸ਼ਰਨ ਪਿਆਂ ਉਹ ਪ੍ਰਭੂ ਦਿੱਸ ਪੈਂਦਾ ਹੈ ॥੧॥
26404	605	ਜਪਿ ਮਨ ਹਰਿ ਹਰਿ ਨਾਮ ਰਸਿ ਧ੍ਰਾਪੈ॥		Jap Man Har Har Naam Ras Dhhraapai ||	Meditate, O mind, on the Lord, Har, Har; through the sublime essence of Lord's Name, you shall be satisfied.	ਹੇ ਮੇਰੇ ਮਨ! ਸਦਾ ਪਰਮਾਤਮਾ (ਦੇ ਨਾਮ) ਨੂੰ ਜਪਿਆ ਕਰ, (ਜੇਹੜਾ ਮਨੁੱਖ ਜਪਦਾ ਹੈ ਉਹ) ਨਾਮ ਦੇ ਰਸ ਨਾਲ (ਮਾਇਆ ਵਲੋਂ) ਰੱਜ ਜਾਂਦਾ ਹੈ।
26405	605	ਅੰਮ੍ਰਿਤ ਨਾਮੁ ਮਹਾ ਰਸੁ ਮੀਠਾ ਗੁਰ ਸਬਦੀ ਚਖਿ ਜਾਪੈ॥ਰਹਾਉ॥	ਚੱਖਿ	Anmrith Naam Mehaa Ras Meethaa Gur Sabadhee Chakh Jaapai || Rehaao ||	The Ambrosial Nectar of the Naam, is the sweetest juice; through the Word of the Guru's Shabad, its taste is revealed. ||Pause||	ਹੇ ਮਨ! ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਜਲ ਬਹੁਤ ਸੁਆਦਲਾ ਹੈ, ਬਹੁਤ ਮਿੱਠਾ ਹੈ। ਗੁਰੂ ਦੇ ਸ਼ਬਦ ਦੀ ਰਾਹੀਂ ਚੱਖ ਕੇ ਹੀ ਪਤਾ ਲੱਗਦਾ ਹੈ ਰਹਾਉ॥
26406	605	ਆਪੇ ਤੀਰਥੁ ਤੁਲਹੜਾ ਪਿਆਰਾ ਆਪਿ ਤਰੈ ਪ੍ਰਭੁ ਆਪੈ॥		Aapae Theerathh Thuleharraa Piaaraa Aap Tharai Prabh Aapai ||	The Beloved is Himself the place of pilgrimage and the raft; God Himself ferries Himself across.	ਹੇ ਭਾਈ! ਪ੍ਰਭੂ ਆਪ ਹੀ ਦਰਿਆ ਦਾ ਕੰਢਾ ਹੈ, ਆਪ ਹੀ (ਦਰਿਆ ਤੋਂ ਲੰਘਣ ਲਈ) ਤੁਲਹਾ ਹੈ, ਆਪ ਹੀ (ਦਰਿਆ ਤੋਂ) ਪਾਰ ਲੰਘਦਾ ਹੈ, ਆਪਣੇ ਆਪ ਨੂੰ ਹੀ ਲੰਘਾਂਦਾ ਹੈ।

26407	605	ਆਪੇ ਜਾਲੁ ਵਤਾਇਦਾ ਪਿਆਰਾ ਸਭੁ ਜਗੁ ਮਛੁਲੀ ਹਰਿ ਆਪੈ॥	ਜੱਗੁ	Aapae Jaal Vathaaeidhaa Piaaraa Sabh Jag Mashhulee Har Aapai ||	The Beloved Himself casts the net over all the world; the Lord Himself is the fish.	ਪ੍ਰਭੂ ਆਪ ਹੀ (ਮਾਇਆ ਦਾ) ਜਾਲ ਵਿਛਾਂਦਾ ਹੈ (ਉਹ ਜਾਲ ਵਿਚ ਫਸਣ ਵਾਲਾ) ਸਾਰਾ ਜਗਤ-ਮਛਲੀ ਆਪਣੇ ਆਪ ਨੂੰ ਹੀ ਬਣਾਂਦਾ ਹੈ।
26408	605	ਆਪਿ ਅਭੁਲੁ ਨ ਭੁਲਈ ਪਿਆਰਾ ਅਵਰੁ ਨ ਦੂਜਾ ਜਾਪੈ॥੨॥	ਅ-ਭੁੱਲੁ ਭੁਲੱਈ	Aap Abhul N Bhulee Piaaraa Avar N Dhoojaa Jaapai ||2||	The Beloved Himself is infallible; He makes no mistakes. There is no other like Him to be seen. ||2||	(ਫਿਰ ਭੀ ਉਹ) ਆਪ ਭੁੱਲਣ ਵਾਲਾ ਨਹੀਂ ਹੈ, ਉਹ ਕਦੇ (ਮਾਇਆ-ਜਾਲ ਵਿਚ ਫਸਣ ਵਾਲੀ) ਭੁੱਲ ਨਹੀਂ ਕਰਦਾ। ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਦਿੱਸਦਾ ॥੨॥
26409	605	ਆਪੇ ਸਿੰਙੀ ਨਾਦੁ ਹੈ ਪਿਆਰਾ ਧੁਨਿ ਆਪਿ ਵਜਾਏ ਆਪੈ॥		Aapae Sinn(g)ee Naadh Hai Piaaraa Dhhun Aap Vajaaeae Aapai ||	The Beloved Himself is the Yogi's horn, and the sound current of the Naad; He Himself plays the tune.	ਹੇ ਭਾਈ! ਪ੍ਰਭੂ ਆਪ ਹੀ (ਜੋਗੀ ਦੀ ਵਜਾਣ ਵਾਲੀ) ਸਿੰਙੀ ਹੈ, ਆਪ ਹੀ (ਉਸ ਵੱਜਦੀ ਸਿੰਙੀ ਦੀ) ਆਵਾਜ਼ ਹੈ, ਆਪ ਹੀ (ਸਿੰਙੀ ਦੀ) ਸੁਰ ਵਜਾਂਦਾ ਹੈ, ਆਪਣੇ ਆਪ ਨੂੰ ਹੀ ਵਜਾਂਦਾ ਹੈ।
26410	605	ਆਪੇ ਜੋਗੀ ਪੁਰਖੁ ਹੈ ਪਿਆਰਾ ਆਪੇ ਹੀ ਤਪੁ ਤਾਪੈ॥		Aapae Jogee Purakh Hai Piaaraa Aapae Hee Thap Thaapai ||	The Beloved Himself is the Yogi, the Primal Being; He Himself practices intense meditation.	ਉਹ ਸਰਬ-ਵਿਆਪਕ ਪ੍ਰਭੂ ਆਪ ਹੀ ਜੋਗੀ ਹੈ, ਆਪ ਹੀ (ਧੂਣੀਆਂ ਆਦਿਕ ਨਾਲ) ਤਪ ਤਪਦਾ ਹੈ।

26411	605	ਆਪੇ ਸਤਿਗੁਰੁ ਆਪਿ ਹੈ ਚੇਲਾ ਉਪਦੇਸੁ ਕਰੈ ਪ੍ਰਭੁ ਆਪੈ॥੩॥		Aapae Sathigur Aap Hai Chaelaa Oupadhaes Karai Prabh Aapai ||3||	He Himself is the True Guru, and He Himself is the disciple; God Himself imparts the Teachings. ||3||	ਪ੍ਰਭੂ ਆਪ ਹੀ ਗੁਰੂ ਹੈ, ਆਪ ਹੀ ਸਿੱਖ ਹੈ, ਆਪ ਹੀ ਆਪਣੇ ਆਪ ਨੂੰ ਉਪਦੇਸ਼ ਕਰਦਾ ਹੈ ॥੩॥
26412	605	ਆਪੇ ਨਾਉ ਜਪਾਇਦਾ ਪਿਆਰਾ ਆਪੇ ਹੀ ਜਪੁ ਜਾਪੈ॥		Aapae Naao Japaaeidhaa Piaaraa Aapae Hee Jap Jaapai ||	The Beloved Himself inspires us to chant His Name, and He Himself practices meditation.	ਹੇ ਭਾਈ! ਪ੍ਰਭੂ ਆਪ ਹੀ (ਜੀਵਾਂ ਪਾਸੋਂ ਆਪਣਾ) ਨਾਮ ਜਪਾਂਦਾ ਹੈ (ਜੀਵਾਂ ਵਿਚ ਵਿਆਪਕ ਹੋ ਕੇ) ਆਪ ਹੀ ਆਪਣਾ ਨਾਮ ਜਪਦਾ ਹੈ।
26413	605	ਆਪੇ ਅੰਮ੍ਰਿਤੁ ਆਪਿ ਹੈ ਪਿਆਰਾ ਆਪੇ ਹੀ ਰਸੁ ਆਪੈ॥		Aapae Anmrith Aap Hai Piaaraa Aapae Hee Ras Aapai ||	The Beloved Himself is the Ambrosial Nectar; He Himself is the juice of it.	ਆਪ ਹੀ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਹੈ, ਆਪ ਹੀ ਉਸ ਨਾਮ-ਰਸ ਨੂੰ ਪੀਂਦਾ ਹੈ, ਆਪਣੇ ਆਪ ਨੂੰ ਪੀਂਦਾ ਹੈ।
26414	605	ਆਪੇ ਆਪਿ ਸਲਾਹਦਾ ਪਿਆਰਾ ਜਨ ਨਾਨਕ ਹਰਿ ਰਸਿ ਧ੍ਰਾਪੈ॥੪॥੩॥		Aapae Aap Salaahadhaa Piaaraa Jan Naanak Har Ras Dhhraapai ||4||3||	The Beloved Himself praises Himself; servant Nanak is satisfied, with the sublime essence of the Lord. ||4||3||	ਹੇ ਦਾਸ ਨਾਨਕ! ਪ੍ਰਭੂ ਆਪ ਹੀ ਆਪਣੀ ਸਿਫ਼ਤ-ਸਾਲਾਹ ਕਰਦਾ ਹੈ, ਆਪ ਹੀ ਆਪਣੇ ਨਾਮ-ਰਸ ਨਾਲ ਰੱਜਦਾ ਹੈ ॥੪॥੩॥
26415	605	ਸੋਰਠਿ ਮਹਲਾ ੪॥		Sorath Mehalaa 4 ||	Sorat'h, Fourth Mehl:	

26416	605	ਆਪੇ ਕੰਡਾ ਆਪਿ ਤਰਾਜੀ ਪ੍ਰਭਿ ਆਪੇ ਤੋਲਿ ਤੋਲਾਇਆ॥	(ਤਰਾਜੀ) ਤੱਕੜੀ ਦਾ (ਕੰਡਾ) ਸੂਈ	Aapae Kanddaa Aap Tharaajee Prabh Aapae Thol Tholaaeiaa ||	God Himself is the balance scale, He Himself is the weigher, and He Himself weighs with the weights.	ਉਹ ਤੱਕੜੀ ਭੀ ਪ੍ਰਭੂ ਆਪ ਹੀ ਹੈ, ਉਸ ਤੱਕੜੀ ਦੀ ਸੂਈ (ਬੋਦੀ) ਭੀ ਪ੍ਰਭੂ ਆਪ ਹੀ ਹੈ, ਪ੍ਰਭੂ ਨੇ ਆਪ ਹੀ ਵੱਟੇ ਨਾਲ (ਇਸ ਸ੍ਰਿਸ਼ਟੀ ਨੂੰ) ਤੋਲਿਆ ਹੋਇਆ ਹੈ (ਆਪਣੇ ਹੁਕਮ ਵਿਚ ਰੱਖਿਆ ਹੋਇਆ ਹੈ)।
26417	605	ਆਪੇ ਸਾਹੁ ਆਪੇ ਵਣਜਾਰਾ ਆਪੇ ਵਣਜੁ ਕਰਾਇਆ॥		Aapae Saahu Aapae Vanajaaraa Aapae Vanaj Karaaeiaa ||	He Himself is the banker, He Himself is the trader, and He Himself makes the trades.	ਪ੍ਰਭੂ ਆਪ ਹੀ (ਇਸ ਧਰਤੀ ਉਤੇ ਵਣਜ ਕਰਨ ਵਾਲਾ) ਸ਼ਾਹਕਾਰ ਹੈ, ਆਪ ਹੀ (ਜੀਵ-ਰੂਪ ਹੋ ਕੇ) ਵਣਜ ਕਰਨ ਵਾਲਾ ਹੈ, ਆਪ ਹੀ ਵਣਜ ਕਰ ਰਿਹਾ ਹੈ।
26418	605	ਆਪੇ ਧਰਤੀ ਸਾਜੀਅਨੁ ਪਿਆਰੈ ਪਿਛੈ ਟੰਕੁ ਚੜਾਇਆ॥੧॥	(ਟੰਕੁ)ਹੁਕਮ। (ਟੰਕੁ)ਭੈ। ਚੜ੍ਹਾਇਆ ਹੈ ਭਾਵ ਸਾਰੀ ਰਚਨਾ ਹੁਕਮ ਭੈ ਚ ਬੰਨ੍ਹੀ ਹੈ	Aapae Dhharathee Saajeean Piaarai Pishhai Ttank Charraaeiaa ||1||	The Beloved Himself fashioned the world, and He Himself counter-balances it with a gram. ||1||	ਹੇ ਭਾਈ! ਪ੍ਰਭੂ ਨੇ ਆਪ ਹੀ ਧਰਤੀ ਪੈਦਾ ਕੀਤੀ ਹੋਈ ਹੈ (ਆਪਣੀ ਮਰਯਾਦਾ ਰੂਪ ਤੱਕੜੀ ਦੇ) ਪਿਛਲੇ ਛਾਬੇ ਵਿਚ ਚਾਰ ਮਾਸੇ ਦਾ ਵੱਟਾ ਰੱਖ ਕੇ (ਪ੍ਰਭੂ ਨੇ ਆਪ ਹੀ ਇਸ ਸ੍ਰਿਸ਼ਟੀ ਨੂੰ ਆਪਣੀ ਮਰਯਾਦਾ ਵਿਚ ਰੱਖਿਆ ਹੋਇਆ ਹੈ। ਇਹ ਕੰਮ ਉਸ ਪ੍ਰਭੂ ਵਾਸਤੇ ਬਹੁਤ ਸਾਧਾਰਨ ਤੇ ਸੌਖਾ ਜਿਹਾ ਹੈ) ॥੧॥
26419	605	ਮੇਰੇ ਮਨ ਹਰਿ ਹਰਿ ਧਿਆਇ ਸੁਖੁ ਪਾਇਆ॥		Maerae Man Har Har Dhhiaae Sukh Paaeiaa ||	My mind meditates on the Lord, Har, Har, and finds peace.	ਹੇ ਮੇਰੇ ਮਨ! ਸਦਾ ਪਰਮਾਤਮਾ ਦਾ ਸਿਮਰਨ ਕਰ, (ਜਿਸ ਕਿਸੇ ਨੇ ਸਿਮਰਿਆ ਹੈ, ਉਸ ਨੇ) ਸੁਖ ਪਾਇਆ ਹੈ।

26420	605	ਹਰਿ ਹਰਿ ਨਾਮੁ ਨਿਧਾਨੁ ਹੈ ਪਿਆਰਾ ਗੁਰਿ ਪੂਰੈ ਮੀਠਾ ਲਾਇਆ॥ਰਹਾਉ॥		Har Har Naam Nidhhaan Hai Piaaraa Gur Poorai Meethaa Laaeiaa || Rehaao ||	The Name of the Beloved Lord, Har, Har, is a treasure; the Perfect Guru has made it seem sweet to me. ||Pause||	ਹੇ ਭਾਈ! ਪਰਮਾਤਮਾ ਦਾ ਨਾਮ (ਸਾਰੇ) ਸੁਖਾਂ ਦਾ ਖ਼ਜ਼ਾਨਾ ਹੈ (ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪਿਆ ਹੈ) ਪੂਰੇ ਗੁਰੂ ਨੇ ਉਸ ਨੂੰ ਪਰਮਾਤਮਾ ਦਾ ਨਾਮ ਮਿੱਠਾ ਅਨੁਭਵ ਕਰਾ ਦਿੱਤਾ ਹੈ ਰਹਾਉ॥
26421	605	ਆਪੇ ਧਰਤੀ ਆਪਿ ਜਲੁ ਪਿਆਰਾ ਆਪੇ ਕਰੇ ਕਰਾਇਆ॥		Aapae Dhharathee Aap Jal Piaaraa Aapae Karae Karaaeiaa ||	The Beloved Himself is the earth, and He Himself is the water; He Himself acts, and causes others to act.	ਹੇ ਭਾਈ! ਪ੍ਰਭੂ ਪਿਆਰਾ ਆਪ ਹੀ ਧਰਤੀ ਪੈਦਾ ਕਰਨ ਵਾਲਾ ਹੈ, ਆਪ ਹੀ ਪਾਣੀ ਪੈਦਾ ਕਰਨ ਵਾਲਾ ਹੈ, ਆਪ ਹੀ ਸਭ ਕੁਝ ਕਰਦਾ ਹੈ ਆਪ ਹੀ (ਜੀਵਾਂ ਪਾਸੋਂ ਸਭ ਕੁਝ) ਕਰਾਂਦਾ ਹੈ।
26422	605	ਆਪੇ ਹੁਕਮਿ ਵਰਤਦਾ ਪਿਆਰਾ ਜਲੁ ਮਾਟੀ ਬੰਧਿ ਰਖਾਇਆ॥		Aapae Hukam Varathadhaa Piaaraa Jal Maattee Bandhh Rakhaaeiaa ||	The Beloved Himself issues His Commands, and keeps the water and the land bound down.	ਆਪ ਹੀ ਆਪਣੇ ਹੁਕਮ ਅਨੁਸਾਰ ਹਰ ਥਾਂ ਕਾਰ ਚਲਾ ਰਿਹਾ ਹੈ, ਪਾਣੀ ਨੂੰ ਮਿੱਟੀ ਨਾਲ (ਉਸ ਨੇ ਆਪਣੇ ਹੁਕਮ ਵਿਚ ਹੀ) ਬੰਨ੍ਹ ਰੱਖਿਆ ਹੈ (ਪਾਣੀ ਮਿੱਟੀ ਨੂੰ ਰੋੜ੍ਹ ਨਹੀਂ ਸਕਦਾ।)
26423	605	ਆਪੇ ਹੀ ਭਉ ਪਾਇਦਾ ਪਿਆਰਾ ਬੰਨਿ ਬਕਰੀ ਸੀਹੁ ਹਢਾਇਆ॥੨॥	ਬੰਨ੍ਹਿ	Aapae Hee Bho Paaeidhaa Piaaraa Bann Bakaree Seehu Hadtaaeiaa ||2||	The Beloved Himself instills the Fear of God; He binds the tiger and the goat together. ||2||	(ਪਾਣੀ ਵਿਚ ਉਸ ਨੇ) ਆਪ ਹੀ ਆਪਣਾ ਡਰ ਪਾ ਰੱਖਿਆ ਹੈ, (ਮਾਨੋ) ਬੱਕਰੀ ਸ਼ੇਰ ਨੂੰ ਬੰਨ੍ਹ ਕੇ ਫਿਰਾ ਰਹੀ ਹੈ ॥੨॥

26424	606	ਆਪੇ ਕਾਸਟ ਆਪਿ ਹਰਿ ਪਿਆਰਾ ਵਿਚਿ ਕਾਸਟ ਅਗਨਿ ਰਖਾਇਆ॥	(ਕਾਸਟ) ਲੱਕੜ	Aapae Kaasatt Aap Har Piaaraa Vich Kaasatt Agan Rakhaaeiaa ||	The Beloved Lord Himself is the firewood, and He Himself keeps the fire within the wood.	ਹੇ ਭਾਈ! ਪ੍ਰਭੂ ਆਪ ਹੀ ਲੱਕੜੀ (ਪੈਦਾ ਕਰਨ ਵਾਲਾ) ਹੈ, (ਆਪ ਹੀ ਅੱਗ ਬਣਾਣ ਵਾਲਾ ਹੈ) ਲੱਕੜੀ ਵਿਚ ਉਸ ਨੇ ਆਪ ਹੀ ਅੱਗ ਟਿਕਾ ਰੱਖੀ ਹੈ।
26425	606	ਆਪੇ ਹੀ ਆਪਿ ਵਰਤਦਾ ਪਿਆਰਾ ਭੈ ਅਗਨਿ ਨ ਸਕੈ ਜਲਾਇਆ॥		Aapae Hee Aap Varathadhaa Piaaraa Bhai Agan N Sakai Jalaaeiaa ||	The Beloved Lord Himself, all by Himself, permeates them, and because of the Fear of God, the fire cannot burn the wood.	ਪ੍ਰਭੂ ਪਿਆਰਾ ਆਪ ਹੀ ਆਪਣਾ ਹੁਕਮ ਵਰਤਾ ਰਿਹਾ ਹੈ (ਉਸ ਦੇ ਹੁਕਮ ਵਿਚ) ਅੱਗ (ਲੱਕੜ ਨੂੰ) ਸਾੜ ਨਹੀਂ ਸਕਦੀ।
26426	606	ਆਪੇ ਮਾਰਿ ਜੀਵਾਇਦਾ ਪਿਆਰਾ ਸਾਹ ਲੈਦੇ ਸਭਿ ਲਵਾਇਆ॥੩॥		Aapae Maar Jeevaaeidhaa Piaaraa Saah Laidhae Sabh Lavaaeiaa ||3||	The Beloved Himself kills and revives; all draw the breath of life, given by Him. ||3||	ਪ੍ਰਭੂ ਆਪ ਹੀ ਮਾਰ ਕੇ ਜੀਵਾਲਣ ਵਾਲਾ ਹੈ। ਸਾਰੇ ਜੀਵ ਉਸ ਦੇ ਪ੍ਰੇਰੇ ਹੋਏ ਹੀ ਸਾਹ ਲੈ ਰਹੇ ਹਨ ॥੩॥
26427	606	ਆਪੇ ਤਾਣੁ ਦੀਬਾਣੁ ਹੈ ਪਿਆਰਾ ਆਪੇ ਕਾਰੈ ਲਾਇਆ॥		Aapae Thaan Dheebaan Hai Piaaraa Aapae Kaarai Laaeiaa ||	The Beloved Himself is power and presence; He Himself engages us in our work.	ਹੇ ਭਾਈ! ਪ੍ਰਭੂ ਆਪ ਹੀ ਤਾਕਤ ਹੈ, ਆਪ ਹੀ (ਤਾਕਤ ਵਰਤਣ ਵਾਲਾ) ਹਾਕਮ ਹੈ, (ਸਾਰੇ ਜਗਤ ਨੂੰ ਉਸ ਨੇ) ਆਪ ਹੀ ਕਾਰ ਵਿਚ ਲਾਇਆ ਹੋਇਆ ਹੈ।

26428	606	ਜਿਉ ਆਪਿ ਚਲਾਏ ਤਿਉ ਚਲੀਐ ਪਿਆਰੇ ਜਿਉ ਹਰਿ ਪ੍ਰਭ ਮੇਰੇ ਭਾਇਆ॥		Jio Aap Chalaaeae Thio Chaleeai Piaarae Jio Har Prabh Maerae Bhaaeiaa ||	As the Beloved makes me walk, I walk, as it pleases my Lord God.	ਹੇ ਪਿਆਰੇ ਸੱਜਣ! ਜਿਵੇਂ ਪ੍ਰਭੂ ਆਪ ਜੀਵਾਂ ਨੂੰ ਤੋਰਦਾ ਹੈ, ਜਿਵੇਂ ਮੇਰੇ ਹਰੀ-ਪ੍ਰਭੂ ਨੂੰ ਭਾਉਂਦਾ ਹੈ, ਤਿਵੇਂ ਹੀ ਚੱਲ ਸਕੀਦਾ ਹੈ।
26429	606	ਆਪੇ ਜੰਤੀ ਜੰਤੁ ਹੈ ਪਿਆਰਾ ਜਨ ਨਾਨਕ ਵਜਹਿ ਵਜਾਇਆ॥੪॥੪॥		Aapae Janthee Janth Hai Piaaraa Jan Naanak Vajehi Vajaaeiaa ||4||4||	The Beloved Himself is the musician, and the musical instrument; servant Nanak vibrates His vibration. ||4||4||	ਹੇ ਦਾਸ ਨਾਨਕ! ਪ੍ਰਭੂ ਆਪ ਹੀ (ਜੀਵ-) ਵਾਜਾ (ਬਣਾਣ ਵਾਲਾ) ਹੈ, ਆਪ ਵਾਜਾ ਵਜਾਣ ਵਾਲਾ ਹੈ, ਸਾਰੇ ਜੀਵ-ਵਾਜੇ ਉਸੇ ਦੇ ਵਜਾਏ ਵੱਜ ਰਹੇ ਹਨ ॥੪॥੪॥
26430	606	ਸੋਰਠਿ ਮਹਲਾ ੪॥		Sorath Mehalaa 4 ||	Sorat'h, Fourth Mehl:	
26431	606	ਆਪੇ ਸ੍ਰਿਸਟਿ ਉਪਾਇਦਾ ਪਿਆਰਾ ਕਰਿ ਸੂਰਜੁ ਚੰਦੁ ਚਾਨਾਣੁ॥		Aapae Srisatt Oupaaeidhaa Piaaraa Kar Sooraj Chandh Chaanaan ||	The Beloved Himself created the Universe; He made the light of the sun and the moon.	ਹੇ ਭਾਈ! ਉਹ ਪਿਆਰਾ ਪ੍ਰਭੂ ਆਪ ਹੀ ਸ੍ਰਿਸ਼ਟੀ ਪੈਦਾ ਕਰਦਾ ਹੈ, ਤੇ (ਸ੍ਰਿਸ਼ਟੀ ਨੂੰ) ਸੂਰਜ ਚੰਦ ਚਾਨਣ ਕਰਨ ਲਈ ਬਣਾਂਦਾ ਹੈ।

26432	606	ਆਪਿ ਨਿਤਾਣਿਆ ਤਾਣੁ ਹੈ ਪਿਆਰਾ ਆਪਿ ਨਿਮਾਣਿਆ ਮਾਣੁ॥		Aap Nithaaniaa Thaan Hai Piaaraa Aap Nimaaniaa Maan ||	The Beloved Himself is the power of the powerless; He Himself is the honor of the dishonored.	ਪ੍ਰਭੂ ਆਪ ਹੀ ਨਿਆਸਰਿਆਂ ਦਾ ਆਸਰਾ ਹੈ, ਜਿਨ੍ਹਾਂ ਨੂੰ ਕੋਈ ਆਦਰ-ਮਾਣ ਨਹੀਂ ਦੇਂਦਾ ਉਹਨਾਂ ਨੂੰ ਆਦਰ-ਮਾਣ ਦੇਣ ਵਾਲਾ ਹੈ।
26433	606	ਆਪਿ ਦਇਆ ਕਰਿ ਰਖਦਾ ਪਿਆਰਾ ਆਪੇ ਸੁਘੜੁ ਸੁਜਾਣੁ॥੧॥		Aap Dhaeiaa Kar Rakhadhaa Piaaraa Aapae Sugharr Sujaan ||1||	The Beloved Himself grants His Grace and protects us; He Himself is wise and all-knowing. ||1||	ਉਹ ਪਿਆਰਾ ਪ੍ਰਭੂ ਸੋਹਣੀ ਆਤਮਕ ਘਾੜਤ ਵਾਲਾ ਹੈ, ਸਭ ਦੇ ਦਿਲ ਦੀ ਜਾਣਨ ਵਾਲਾ ਹੈ, ਉਹ ਮੇਹਰ ਕਰ ਕੇ ਆਪ ਸਭ ਦੀ ਰਖਿਆ ਕਰਦਾ ਹੈ ॥੧॥
26434	606	ਮੇਰੇ ਮਨ ਜਪਿ ਰਾਮ ਨਾਮੁ ਨੀਸਾਣੁ॥	(ਨੀਸਾਣੁ) ਪ੍ਰਗਟਸਰੂਪ	Maerae Man Jap Raam Naam Neesaan ||	O my mind, chant the Name of the Lord, and receive His Insignia.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਸਿਮਰਿਆ ਕਰ। (ਨਾਮ ਹੀ ਜੀਵਨ-ਸਫ਼ਰ ਵਾਸਤੇ) ਰਾਹਦਾਰੀ ਹੈ।
26435	606	ਸਤਸੰਗਤਿ ਮਿਲਿ ਧਿਆਇ ਤੂ ਹਰਿ ਹਰਿ ਬਹੁੜਿ ਨ ਆਵਣ ਜਾਣੁ॥ਰਹਾਉ॥		Sathasangath Mil Dhhiaae Thoo Har Har Bahurr N Aavan Jaan || Rehaao ||	Join the Sat Sangat, the True Congregation, and meditate on the Lord, Har, Har; you shall not have to come and go in reincarnation again. ||Pause||	ਹੇ ਭਾਈ! ਸਾਧ ਸੰਗਤਿ ਵਿਚ ਮਿਲ ਕੇ ਤੂੰ ਪਰਮਾਤਮਾ ਦਾ ਧਿਆਨ ਧਰਿਆ ਕਰ, (ਧਿਆਨ ਦੀ ਬਰਕਤਿ ਨਾਲ) ਮੁੜ ਜਨਮ ਮਰਨ ਦਾ ਗੇੜ ਨਹੀਂ ਰਹੇਗਾ ਰਹਾਉ॥

26436	606	ਆਪੇ ਹੀ ਗੁਣ ਵਰਤਦਾ ਪਿਆਰਾ ਆਪੇ ਹੀ ਪਰਵਾਣੁ॥		Aapae Hee Gun Varathadhaa Piaaraa Aapae Hee Paravaan ||	The Beloved Himself pervades His Glorious Praises, and He Himself approves them.	ਹੇ ਭਾਈ! ਉਹ ਪਿਆਰਾ ਪ੍ਰਭੂ ਆਪ ਹੀ (ਜੀਵਾਂ ਨੂੰ ਆਪਣੇ) ਗੁਣਾਂ ਦੀ ਦਾਤਿ ਦੇਂਦਾ ਹੈ, ਆਪ ਹੀ ਜੀਵਾਂ ਨੂੰ ਆਪਣੀ ਹਜ਼ੂਰੀ ਵਿਚ ਕਬੂਲ ਕਰਦਾ ਹੈ।
26437	606	ਆਪੇ ਬਖਸ ਕਰਾਇਦਾ ਪਿਆਰਾ ਆਪੇ ਸਚੁ ਨੀਸਾਣੁ॥		Aapae Bakhas Karaaeidhaa Piaaraa Aapae Sach Neesaan ||	The Beloved Himself grants His forgiveness, and He Himself bestows the Insignia of Truth.	ਪ੍ਰਭੂ ਆਪ ਹੀ ਸਭ ਉਤੇ ਬਖ਼ਸ਼ਸ਼ ਕਰਦਾ ਹੈ, ਉਹ ਆਪ ਹੀ (ਜੀਵਾਂ ਵਾਸਤੇ) ਸਦਾ ਕਾਇਮ ਰਹਿਣ ਵਾਲਾ ਚਾਨਣ-ਮੁਨਾਰਾ ਹੈ।
26438	606	ਆਪੇ ਹੁਕਮਿ ਵਰਤਦਾ ਪਿਆਰਾ ਆਪੇ ਹੀ ਫੁਰਮਾਣੁ॥੨॥		Aapae Hukam Varathadhaa Piaaraa Aapae Hee Furamaan ||2||	The Beloved Himself obeys His Will, and He Himself issues His Command. ||2||	ਉਹ ਪਿਆਰਾ ਪ੍ਰਭੂ ਆਪ ਹੀ (ਜੀਵਾਂ ਨੂੰ) ਹੁਕਮ ਵਿਚ ਤੋਰਦਾ ਹੈ, ਆਪ ਹੀ ਹਰ ਥਾਂ ਹੁਕਮ ਚਲਾਂਦਾ ਹੈ ॥੨॥
26439	606	ਆਪੇ ਭਗਤਿ ਭੰਡਾਰ ਹੈ ਪਿਆਰਾ ਆਪੇ ਦੇਵੈ ਦਾਣੁ॥		Aapae Bhagath Bhanddaar Hai Piaaraa Aapae Dhaevai Dhaan ||	The Beloved Himself is the treasure of devotion; He Himself gives His gifts.	ਹੇ ਭਾਈ! ਉਹ ਪਿਆਰਾ ਪ੍ਰਭੂ (ਆਪਣੀ) ਭਗਤੀ ਦੇ ਖ਼ਜ਼ਾਨਿਆਂ ਵਾਲਾ ਹੈ, ਆਪ ਹੀ (ਜੀਵਾਂ ਨੂੰ ਆਪਣੀ ਭਗਤੀ ਦੀ) ਦਾਤਿ ਦੇਂਦਾ ਹੈ।

26440	606	ਆਪੇ ਸੇਵ ਕਰਾਇਦਾ ਪਿਆਰਾ ਆਪਿ ਦਿਵਾਵੈ ਮਾਣੁ॥		Aapae Saev Karaaeidhaa Piaaraa Aap Dhivaavai Maan ||	The Beloved Himself commits some to His service, and He Himself blesses them with honor.	ਪ੍ਰਭੂ ਆਪ ਹੀ (ਜੀਵਾਂ ਪਾਸੋਂ) ਸੇਵਾ-ਭਗਤੀ ਕਰਾਂਦਾ ਹੈ, ਤੇ ਆਪ ਹੀ (ਸੇਵਾ-ਭਗਤੀ ਕਰਨ ਵਾਲਿਆਂ ਨੂੰ ਜਗਤ ਪਾਸੋਂ) ਇੱਜ਼ਤ ਦਿਵਾਂਦਾ ਹੈ।
26441	606	ਆਪੇ ਤਾੜੀ ਲਾਇਦਾ ਪਿਆਰਾ ਆਪੇ ਗੁਣੀ ਨਿਧਾਨੁ॥੩॥	(ਤਾੜੀ) ਸਮਾਧੀ	Aapae Thaarree Laaeidhaa Piaaraa Aapae Gunee Nidhhaan ||3||	The Beloved Himself is absorbed in Samaadhi; He Himself is the treasure of excellence. ||3||	ਉਹ ਪ੍ਰਭੂ ਆਪ ਹੀ ਗੁਣਾਂ ਦਾ ਖ਼ਜ਼ਾਨਾ ਹੈ, ਤੇ ਆਪ ਹੀ (ਆਪਣੇ ਗੁਣਾਂ ਵਿਚ) ਸਮਾਧੀ ਲਾਂਦਾ ਹੈ ॥੩॥
26442	606	ਆਪੇ ਵਡਾ ਆਪਿ ਹੈ ਪਿਆਰਾ ਆਪੇ ਹੀ ਪਰਧਾਣੁ॥		Aapae Vaddaa Aap Hai Piaaraa Aapae Hee Paradhhaan ||	The Beloved Himself is the greatest; He Himself is supreme.	ਹੇ ਭਾਈ! ਉਹ ਪ੍ਰਭੂ ਪਿਆਰਾ ਆਪ ਹੀ ਸਭ ਤੋਂ ਵੱਡਾ ਹੈ ਤੇ ਮੰਨਿਆ-ਪ੍ਰਮੰਨਿਆ ਹੋਇਆ ਹੈ।
26443	606	ਆਪੇ ਕੀਮਤਿ ਪਾਇਦਾ ਪਿਆਰਾ ਆਪੇ ਤੁਲੁ ਪਰਵਾਣੁ॥		Aapae Keemath Paaeidhaa Piaaraa Aapae Thul Paravaan ||	The Beloved Himself appraises the value; He Himself is the scale, and the weights.	ਉਹ ਆਪ ਹੀ (ਆਪਣਾ) ਤੋਲ ਤੇ ਪੈਮਾਨਾ ਵਰਤ ਕੇ (ਆਪਣੇ ਪੈਦਾ ਕੀਤੇ ਜੀਵਾਂ ਦੇ ਜੀਵਨ ਦਾ) ਮੁੱਲ ਪਾਂਦਾ ਹੈ।

26444	606	ਆਪੇ ਅਤੁਲੁ ਤੁਲਾਇਦਾ ਪਿਆਰਾ ਜਨ ਨਾਨਕ ਸਦ ਕੁਰਬਾਣੁ॥੪॥੫॥	ਅ-ਤੁੱਲੁ	Aapae Athul Thulaaeidhaa Piaaraa Jan Naanak Sadh Kurabaan ||4||5||	The Beloved Himself is unweighable - He weighs Himself; servant Nanak is forever a sacrifice to Him. ||4||5||	ਉਹ ਪ੍ਰਭੂ ਆਪ ਅਤੁੱਲ ਹੈ (ਉਸ ਦੀ ਬਜ਼ੁਰਗੀ ਦਾ ਮਾਪ ਨਹੀਂ ਹੋ ਸਕਦਾ) ਉਹ (ਜੀਵਾਂ ਦੇ ਜੀਵਨ ਸਦਾ) ਤੋਲਦਾ ਹੈ। ਹੇ ਦਾਸ ਨਾਨਕ! (ਆਖ-) ਮੈਂ ਸਦਾ ਉਸ ਤੋਂ ਸਦਕੇ ਜਾਂਦਾ ਹਾਂ ॥੪॥੫॥
26445	606	ਸੋਰਠਿ ਮਹਲਾ ੪॥		Sorath Mehalaa 4 ||	Sorat'h, Fourth Mehl:	
26446	606	ਆਪੇ ਸੇਵਾ ਲਾਇਦਾ ਪਿਆਰਾ ਆਪੇ ਭਗਤਿ ਉਮਾਹਾ॥		Aapae Saevaa Laaeidhaa Piaaraa Aapae Bhagath Oumaahaa ||	The Beloved Himself commits some to His service; He Himself blesses them with the joy of devotional worship.	ਹੇ ਭਾਈ! ਪਿਆਰਾ ਪ੍ਰਭੂ ਆਪ ਹੀ (ਜੀਵਾਂ ਨੂੰ ਆਪਣੀ) ਸੇਵਾ-ਭਗਤੀ ਵਿਚ ਜੋੜਦਾ ਹੈ, ਆਪ ਹੀ ਭਗਤੀ ਕਰਨ ਦਾ ਉਤਸ਼ਾਹ ਦੇਂਦਾ ਹੈ।
26447	606	ਆਪੇ ਗੁਣ ਗਾਵਾਇਦਾ ਪਿਆਰਾ ਆਪੇ ਸਬਦਿ ਸਮਾਹਾ॥		Aapae Gun Gaavaaeidhaa Piaaraa Aapae Sabadh Samaahaa ||	The Beloved Himself causes us to sing His Glorious Praises; He Himself is absorbed in the Word of His Shabad.	ਪ੍ਰਭੂ ਆਪ ਹੀ (ਜੀਵਾਂ ਨੂੰ) ਗੁਣ ਗਾਵਣ ਲਈ ਪ੍ਰੇਰਨਾ ਕਰਦਾ ਹੈ, ਆਪ ਹੀ (ਜੀਵਾਂ ਨੂੰ) ਗੁਰੂ ਦੇ ਸ਼ਬਦ ਵਿਚ ਜੋੜਦਾ ਹੈ।
26448	606	ਆਪੇ ਲੇਖਣਿ ਆਪਿ ਲਿਖਾਰੀ ਆਪੇ ਲੇਖੁ ਲਿਖਾਹਾ॥੧॥		Aapae Laekhan Aap Likhaaree Aapae Laekh Likhaahaa ||1||	He Himself is the pen, and He Himself is the scribe; He Himself inscribes His inscription. ||1||	ਪ੍ਰਭੂ ਆਪ ਹੀ ਕਲਮ ਹੈ, ਆਪ ਹੀ ਕਲਮ ਚਲਾਣ ਵਾਲਾ ਹੈ, ਤੇ, ਆਪ ਹੀ (ਜੀਵਾਂ ਦੇ ਮੱਥੇ ਉੱਤੇ ਭਗਤੀ ਦਾ) ਲੇਖ ਲਿਖਦਾ ਹੈ ॥੧॥

26449	606	ਮੇਰੇ ਮਨ ਜਪਿ ਰਾਮ ਨਾਮੁ ਓਮਾਹਾ॥	(ਓਮਾਹਾ) ਉਤਸ਼ਾਹ ਨਾਲ	Maerae Man Jap Raam Naam Oumaahaa ||	O my mind, joyfully chant the Name of the Lord.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਉਤਸ਼ਾਹ ਨਾਲ ਜਪਿਆ ਕਰ।
26450	606	ਅਨ ਦਿਨੁ ਅਨਦੁ ਹੋਵੈ ਵਡਭਾਗੀ ਲੈ ਗੁਰਿ ਪੂਰੈ ਹਰਿ ਲਾਹਾ॥ਰਹਾਉ॥		Anadhin Anadh Hovai Vaddabhaagee Lai Gur Poorai Har Laahaa || Rehaao ||	Those very fortunate ones are in ecstasy night and day; through the Perfect Guru, they obtain the profit of the Lord's Name. ||Pause||	ਪੂਰੇ ਗੁਰੂ ਦੀ ਰਾਹੀਂ ਹਰਿ-ਨਾਮ ਦਾ ਲਾਭ ਖੱਟ ਲੈ। (ਜੇਹੜਾ) ਵਡ-ਭਾਗੀ ਮਨੁੱਖ (ਨਾਮ ਜਪਦਾ ਹੈ, ਉਸ) ਨੂੰ ਹਰ ਵੇਲੇ ਆਤਮਕ ਸੁਖ ਮਿਲਿਆ ਰਹਿੰਦਾ ਹੈ ਰਹਾਉ॥
26451	606	ਆਪੇ ਗੋਪੀ ਕਾਨੁ ਹੈ ਪਿਆਰਾ ਬਨਿ ਆਪੇ ਗਊ ਚਰਾਹਾ॥	ਕਾਨੁ	Aapae Gopee Kaan Hai Piaaraa Ban Aapae Goo Charaahaa ||	The Beloved Himself is the milk-maid and Krishna; He Himself herds the cows in the woods.	ਹੇ ਭਾਈ! ਪ੍ਰਭੂ ਹੀ ਗੋਪੀਆਂ ਹੈ, ਆਪ ਹੀ ਕ੍ਰਿਸ਼ਨ ਹੈ, ਆਪ ਹੀ (ਬਿੰਦ੍ਰਾਬਨ) ਜੰਗਲ ਵਿਚ ਗਾਈਆਂ ਚਾਰਨ ਵਾਲਾ ਹੈ।
26452	606	ਆਪੇ ਸਾਵਲ ਸੁੰਦਰਾ ਪਿਆਰਾ ਆਪੇ ਵੰਸੁ ਵਜਾਹਾ॥		Aapae Saaval Sundharaa Piaaraa Aapae Vans Vajaahaa ||	The Beloved Himself is the blue-skinned, handsome one; He Himself plays on His flute.	ਪ੍ਰਭੂ ਆਪ ਹੀ ਸਾਂਵਲੇ ਰੰਗ ਵਾਲਾ ਸੋਹਣਾ ਕ੍ਰਿਸ਼ਨ ਹੈ, ਆਪ ਹੀ ਬੰਸਰੀ ਵਜਾਣ ਵਾਲਾ ਹੈ।

26453	606	ਕੁਵਲੀਆਪੀੜੁ ਆਪਿ ਮਰਾਇਦਾ ਪਿਆਰਾ ਕਰਿ ਬਾਲਕ ਰੂਪਿ ਪਚਾਹਾ॥੨॥	(ਕੁਵਲੀਆ-ਪੀੜੁ) ਵਲੀ ਹਾਥੀ, ਹੰਕਾਰੀ ਕੰਸ ਦਾ।ਕੁਵਲੀਆਪੀੜੁ:ਪੋਲਾ ਬੋਲੋ (ਪਚਾਹਾ) ਨਾਸ ਕੀਤਾ	Kuvaleeaa Peerr Aap Maraaeidhaa Piaaraa Kar Baalak Roop Pachaahaa ||2||	The Beloved Himself took the form of a child, and destroyed Kuwalia-peer, the mad elephant. ||2||	ਪ੍ਰਭੂ ਆਪ ਹੀ ਬਾਲਕ-ਰੂਪ (ਕ੍ਰਿਸ਼ਨ-ਰੂਪ) ਵਿਚ (ਕੰਸ ਦੇ ਭੇਜੇ ਹੋਏ ਹਾਥੀ) ਕੁਵਲੀਆਪੀੜ ਨੂੰ ਨਾਸ ਕਰਨ ਵਾਲਾ ਹੈ ॥੨॥
26454	606	ਆਪਿ ਅਖਾੜਾ ਪਾਇਦਾ ਪਿਆਰਾ ਕਰਿ ਵੇਖੈ ਆਪਿ ਚੋਜਾਹਾ॥		Aap Akhaarraa Paaeidhaa Piaaraa Kar Vaekhai Aap Chojaahaa ||	The Beloved Himself sets the stage; He performs the plays, and He Himself watches them.	ਹੇ ਭਾਈ! ਪ੍ਰਭੂ ਆਪ ਹੀ (ਇਹ ਜਗਤ ਦਾ) ਅਖਾੜਾ ਬਣਾਣ ਵਾਲਾ ਹੈ, (ਇਸ ਜਗਤ-ਅਖਾੜੇ ਵਿਚ) ਆਪ ਹੀ ਕੌਤਕ-ਤਮਾਸ਼ੇ ਰਚ ਕੇ ਵੇਖ ਰਿਹਾ ਹੈ।
26455	606	ਕਰਿ ਬਾਲਕ ਰੂਪ ਉਪਾਇਦਾ ਪਿਆਰਾ ਚੰਡੂਰੁ ਕੰਸੁ ਕੇਸੁ ਮਾਰਾਹਾ॥	ਹੰਕਾਰੀਕੰਸ ਦਾ ਪਹਿਲਵਾਨ ਚੰਡੂਰੁ।(ਕੇਸੁ)ਕੇਸੀ ਦੈਂਤ	Kar Baalak Roop Oupaaeidhaa Piaaraa Chanddoor Kans Kaes Maaraahaa ||	The Beloved Himself assumed the form of the child, and killed the demons Chandoor, Kansa and Kaysee.	ਪ੍ਰਭੂ ਆਪ ਹੀ ਬਾਲਕ-ਰੂਪ ਕ੍ਰਿਸ਼ਨ ਨੂੰ ਪੈਦਾ ਕਰਨ ਵਾਲਾ ਹੈ, ਤੇ, ਆਪ ਹੀ ਉਸ ਪਾਸੋਂ ਚੰਡੂਰ, ਕੇਸੀ ਅਤੇ ਕੰਸ ਨੂੰ ਮਰਵਾਣ ਵਾਲਾ ਹੈ।

26456	606	ਆਪੇ ਹੀ ਬਲੁ ਆਪਿ ਹੈ ਪਿਆਰਾ ਬਲੁ ਭੰਨੈ ਮੂਰਖ ਮੁਗਧਾਹਾ॥੩॥	(ਮੁਗਧਾਹਾ) ਮੂਰਖਾਂ ਦਾ	Aapae Hee Bal Aap Hai Piaaraa Bal Bhannai Moorakh Mugadhhaahaa ||3||	The Beloved Himself, by Himself, is the embodiment of power; He shatters the power of the fools and idiots. ||3||	ਆਪ ਹੀ ਤਾਕਤ (ਦੇਣ ਵਾਲਾ) ਹੈ, ਤੇ, ਆਪ ਹੀ ਮੂਰਖਾਂ ਦੀ ਤਾਕਤ ਭੰਨ ਦੇਂਦਾ ਹੈ ॥੩॥
26457	606	ਸਭੁ ਆਪੇ ਜਗਤੁ ਉਪਾਇਦਾ ਪਿਆਰਾ ਵਸਿ ਆਪੇ ਜੁਗਤਿ ਹਥਾਹਾ॥	ਵੱਸਿ	Sabh Aapae Jagath Oupaaeidhaa Piaaraa Vas Aapae Jugath Hathhaahaa ||	The Beloved Himself created the whole world. In His hands He holds the power of the ages.	ਹੇ ਭਾਈ! ਪਿਆਰਾ ਪ੍ਰਭੂ ਆਪ ਹੀ ਸਾਰੇ ਜਗਤ ਨੂੰ ਪੈਦਾ ਕਰਦਾ ਹੈ, (ਜਗਤ ਨੂੰ ਆਪ ਹੀ ਆਪਣੇ) ਵੱਸ ਵਿਚ ਰੱਖਦਾ ਹੈ (ਜੀਵਾਂ ਦੀ ਜੀਵਨ-) ਜੁਗਤਿ ਆਪਣੇ ਹੱਥ ਵਿਚ ਰੱਖਦਾ ਹੈ।
26458	607	ਗਲਿ ਜੇਵੜੀ ਆਪੇ ਪਾਇਦਾ ਪਿਆਰਾ ਜਿਉ ਪ੍ਰਭੁ ਖਿੰਚੈ ਤਿਉ ਜਾਹਾ॥		Gal Jaevarree Aapae Paaeidhaa Piaaraa Jio Prabh Khinchai Thio Jaahaa ||	The Beloved Himself puts the chains around their necks; as God pulls them, must they go.	ਪ੍ਰਭੂ ਆਪ ਹੀ (ਸਭ ਜੀਵਾਂ ਦੇ) ਗਲ ਵਿਚ ਰੱਸੀ ਪਾਈ ਰੱਖਦਾ ਹੈ, ਜਿਵੇਂ ਪ੍ਰਭੂ (ਉਸ ਰੱਸੀ ਨੂੰ) ਖਿੱਚਦਾ ਹੈ ਤਿਵੇਂ ਹੀ ਜੀਵ (ਜੀਵਨ-ਰਾਹ ਤੇ) ਤੁਰਦੇ ਹਨ।

26459	607	ਜੋ ਗਰਬੈ ਸੋ ਪਚਸੀ ਪਿਆਰੇ ਜਪਿ ਨਾਨਕ ਭਗਤਿ ਸਮਾਹਾ॥੪॥੬॥		Jo Garabai So Pachasee Piaarae Jap Naanak Bhagath Samaahaa ||4||6||	Whoever harbors pride shall be destroyed, O Beloved; meditating on the Lord, Nanak is absorbed in devotional worship. ||4||6||	ਹੇ ਨਾਨਕ! (ਆਖ-) ਹੇ ਪਿਆਰੇ ਸੱਜਣ! ਜੇਹੜਾ ਮਨੁੱਖ (ਆਪਣੇ ਕਿਸੇ ਬਲ ਆਦਿਕ ਦਾ) ਅਹੰਕਾਰ ਕਰਦਾ ਹੈ ਉਹ ਤਬਾਹ ਹੋ ਜਾਂਦਾ ਹੈ (ਆਤਮਕ ਮੌਤ ਸਹੇੜ ਲੈਂਦਾ ਹੈ)। ਹੇ ਭਾਈ! ਪਰਮਾਤਮਾ ਦਾ ਨਾਮ ਜਪਿਆ ਕਰ, ਉਸ ਦੀ ਭਗਤੀ ਵਿਚ ਲੀਨ ਰਿਹਾ ਕਰ ॥੪॥੬॥
26460	607	ਸੋਰਠਿ ਮਃ ੪ ਦੁਤੁਕੇ॥	ਦੁ-ਤੁਕੇ:ਪੋਲਾ ਬੋਲੋ	Sorath Ma 4 Dhuthukae ||	Sorat'h, Fourth Mehl, Du-Tukas:	
26461	607	ਅਨਿਕ ਜਨਮ ਵਿਛੁੜੇ ਦੁਖੁ ਪਾਇਆ ਮਨਮੁਖਿ ਕਰਮ ਕਰੈ ਅਹੰਕਾਰੀ॥	ਅਹੰ-ਕਾਰੀ	Anik Janam Vishhurrae Dhukh Paaeiaa Manamukh Karam Karai Ahankaaree ||	Separated from the Lord for countless lifetimes, the self-willed manmukh suffers in pain, engaged in acts of egotism.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਅਨੇਕਾਂ ਜਨਮਾਂ ਤੋਂ (ਪਰਮਾਤਮਾ ਨਾਲੋਂ) ਵਿਛੁੜਿਆ ਹੋਇਆ ਦੁੱਖ ਸਹਿੰਦਾ ਚਲਿਆ ਆਉਂਦਾ ਹੈ, (ਇਸ ਜਨਮ ਵਿਚ ਭੀ ਆਪਣੇ ਮਨ ਦਾ ਮੁਰੀਦ ਰਹਿ ਕੇ) ਅਹੰਕਾਰ ਦੇ ਆਸਰੇ ਹੀ ਕਰਮ ਕਰਦਾ ਰਹਿੰਦਾ ਹੈ।
26462	607	ਸਾਧੂ ਪਰਸਤ ਹੀ ਪ੍ਰਭੁ ਪਾਇਆ ਗੋਬਿਦ ਸਰਣਿ ਤੁਮਾਰੀ॥੧॥		Saadhhoo Parasath Hee Prabh Paaeiaa Gobidh Saran Thumaaree ||1||	Beholding the Holy Saint, I found God; O Lord of the Universe, I seek Your Sanctuary. ||1||	(ਪਰ) ਗੁਰੂ ਦੇ ਚਰਨ ਛੂੰਹਦਿਆਂ ਹੀ ਉਸ ਨੂੰ ਪਰਮਾਤਮਾ ਲੱਭ ਪੈਂਦਾ ਹੈ। ਹੇ ਗੋਬਿੰਦ! (ਗੁਰੂ ਦੀ ਸ਼ਰਨ ਦੀ ਬਰਕਤਿ ਨਾਲ) ਉਹ ਤੇਰੀ ਸਰਨ ਆ ਪੈਂਦਾ ਹੈ ॥੧॥

26463	607	ਗੋਬਿਦ ਪ੍ਰੀਤਿ ਲਗੀ ਅਤਿ ਪਿਆਰੀ॥		Gobidh Preeth Lagee Ath Piaaree ||	The Love of God is very dear to me.	ਪਰਮਾਤਮਾ ਨਾਲ ਉਸ (ਵਡਭਾਗੀ ਮਨੁੱਖ) ਦੀ ਬੜੀ ਡੂੰਘੀ ਪ੍ਰੀਤਿ ਬਣ ਜਾਂਦੀ ਹੈ,
26464	607	ਜਬ ਸਤਸੰਗ ਭਏ ਸਾਧੂ ਜਨ ਹਿਰਦੈ ਮਿਲਿਆ ਸਾਂਤਿ ਮੁਰਾਰੀ॥ਰਹਾਉ॥		Jab Sathasang Bheae Saadhhoo Jan Hiradhai Miliaa Saanth Muraaree || Rehaao ||	When I joined the Sat Sangat, the Company of the Holy People, the Lord, the embodiment of peace, came into my heart. ||Pause||	ਜਦੋਂ (ਉਸ ਨੂੰ) ਭਲੇ ਮਨੁੱਖਾਂ ਦੀ ਭਲੀ ਸੰਗਤਿ ਪ੍ਰਾਪਤ ਹੁੰਦੀ ਹੈ, ਉਸ ਨੂੰ ਆਪਣੇ ਹਿਰਦੇ ਵਿਚ ਸ਼ਾਂਤੀ ਦੇਣ ਵਾਲਾ ਪਰਮਾਤਮਾ ਆ ਮਿਲਦਾ ਹੈ ਰਹਾਉ॥
26465	607	ਤੂ ਹਿਰਦੈ ਗੁਪਤੁ ਵਸਹਿ ਦਿਨੁ ਰਾਤੀ ਤੇਰਾ ਭਾਉ ਨ ਬੁਝਹਿ ਗਵਾਰੀ॥		Thoo Hiradhai Gupath Vasehi Dhin Raathee Thaeraa Bhaao N Bujhehi Gavaaree ||	You dwell, hidden, within my heart day and night, Lord; but the poor fools do not understand Your Love.	ਹੇ ਪ੍ਰਭੂ! ਤੂੰ ਹਰ ਵੇਲੇ ਸਭ ਜੀਵਾਂ ਦੇ ਹਿਰਦੇ ਵਿਚ ਲੁਕਿਆ ਹੋਇਆ ਟਿਕਿਆ ਰਹਿੰਦਾ ਹੈਂ, ਮੂਰਖ ਮਨੁੱਖ ਤੇਰੇ ਨਾਲ ਪਿਆਰ ਕਰਨਾ ਨਹੀਂ ਸਮਝਦੇ।
26466	607	ਸਤਿਗੁਰੁ ਪੁਰਖੁ ਮਿਲਿਆ ਪ੍ਰਭੁ ਪ੍ਰਗਟਿਆ ਗੁਣ ਗਾਵੈ ਗੁਣ ਵੀਚਾਰੀ॥੨॥		Sathigur Purakh Miliaa Prabh Pragattiaa Gun Gaavai Gun Veechaaree ||2||	Meeting with the Almighty True Guru, God was revealed to me; I sing His Glorious Praises, and reflect upon His Glories. ||2||	(ਹੇ ਭਾਈ!) ਜਿਸ ਮਨੁੱਖ ਨੂੰ ਸਰਬ-ਵਿਆਪਕ ਪ੍ਰਭੂ ਦਾ ਰੂਪ ਗੁਰੂ ਮਿਲ ਪੈਂਦਾ ਹੈ ਉਸ ਦੇ ਅੰਦਰ ਪਰਮਾਤਮਾ ਪਰਗਟ ਹੋ ਜਾਂਦਾ ਹੈ। ਉਹ ਮਨੁੱਖ ਪਰਮਾਤਮਾ ਦੇ ਗੁਣਾਂ ਵਿਚ ਸੁਰਤਿ ਜੋੜ ਕੇ ਗੁਣ ਗਾਂਦਾ ਰਹਿੰਦਾ ਹੈ ॥੨॥

26467	607	ਗੁਰਮੁਖਿ ਪ੍ਰਗਾਸੁ ਭਇਆ ਸਾਤਿ ਆਈ ਦੁਰਮਤਿ ਬੁਧਿ ਨਿਵਾਰੀ॥	ਸਾਂਤਿ	Guramukh Pragaas Bhaeiaa Saath Aaee Dhuramath Budhh Nivaaree ||	As Gurmukh, I have become enlightened; peace has come, and evil-mindedness has been dispelled from my mind.	ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸ਼ਰਨ ਆ ਪੈਂਦਾ ਹੈ ਉਸ ਦੇ ਅੰਦਰ (ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ, ਉਸ ਦੇ ਅੰਦਰ ਠੰਢ ਪੈ ਜਾਂਦੀ ਹੈ, ਉਹ ਮਨੁੱਖ ਆਪਣੇ ਅੰਦਰੋਂ ਭੈੜੀ ਮਤਿ ਵਾਲੀ ਅਕਲ ਦੂਰ ਕਰ ਲੈਂਦਾ ਹੈ (ਇਹ ਦੁਰਮਤਿ ਹੀ ਵਿਕਾਰਾਂ ਦੀ ਸੜਨ ਪੈਦਾ ਕਰ ਰਹੀ ਸੀ)।
26468	607	ਆਤਮ ਬ੍ਰਹਮੁ ਚੀਨਿ ਸੁਖੁ ਪਾਇਆ ਸਤਸੰਗਤਿ ਪੁਰਖ ਤੁਮਾਰੀ॥੩॥		Aatham Breham Cheen Sukh Paaeiaa Sathasangath Purakh Thumaaree ||3||	Understanding the relationship of the individual soul with God, I have found peace, in Your Sat Sangat, Your True Congregation, O Lord. ||3||	ਉਹ ਮਨੁੱਖ ਆਪਣੇ ਅੰਦਰ ਪਰਮਾਤਮਾ ਨੂੰ ਵੱਸਦਾ ਪਛਾਣ ਕੇ ਆਤਮਕ ਆਨੰਦ ਪ੍ਰਾਪਤ ਕਰ ਲੈਂਦਾ ਹੈ। ਹੇ ਸਰਬ-ਵਿਆਪਕ ਪ੍ਰਭੂ! ਇਹ ਤੇਰੀ ਸਾਧ ਸੰਗਤਿ ਦੀ ਹੀ ਬਰਕਤਿ ਹੈ ॥੩॥
26469	607	ਪੁਰਖੈ ਪੁਰਖੁ ਮਿਲਿਆ ਗੁਰੁ ਪਾਇਆ ਜਿਨ ਕਉ ਕਿਰਪਾ ਭਈ ਤੁਮਾਰੀ॥		Purakhai Purakh Miliaa Gur Paaeiaa Jin Ko Kirapaa Bhee Thumaaree ||	Those who are blessed by Your Kind Mercy, meet the Almighty Lord, and find the Guru.	ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਉਸ ਮਨੁੱਖ ਨੂੰ ਸਰਬ-ਵਿਆਪਕ ਪਰਮਾਤਮਾ ਮਿਲ ਪੈਂਦਾ ਹੈ। (ਪਰ, ਹੇ ਪ੍ਰਭੂ! ਗੁਰੂ ਭੀ ਉਹਨਾਂ ਨੂੰ ਹੀ ਮਿਲਦਾ ਹੈ) ਜਿਨ੍ਹਾਂ ਉਤੇ ਤੇਰੀ ਕਿਰਪਾ ਹੁੰਦੀ ਹੈ।

26470	607	ਨਾਨਕ ਅਤੁਲੁ ਸਹਜ ਸੁਖੁ ਪਾਇਆ ਅਨ ਦਿਨੁ ਜਾਗਤੁ ਰਹੈ ਬਨਵਾਰੀ॥੪॥੭॥	ਅ-ਤੁੱਲੁ	Naanak Athul Sehaj Sukh Paaeiaa Anadhin Jaagath Rehai Banavaaree ||4||7||	Nanak has found the immeasurable, celestial peace; night and day, he remains awake to the Lord, the Master of the Forest of the Universe. ||4||7||	ਹੇ ਨਾਨਕ! (ਅਜੇਹਾ ਮਨੁੱਖ) ਆਤਮਕ ਅਡੋਲਤਾ ਦਾ ਬੇਅੰਤ ਸੁਖ ਮਾਣਦਾ ਹੈ, ਉਹ ਹਰ ਵੇਲੇ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿ ਕੇ (ਵਿਕਾਰਾਂ ਵਲੋਂ) ਸੁਚੇਤ ਰਹਿੰਦਾ ਹੈ ॥੪॥੭॥
26471	607	ਸੋਰਠਿ ਮਹਲਾ ੪॥		Sorath Mehalaa 4 ||	Sorat'h, Fourth Mehl:	
26472	607	ਹਰਿ ਸਿਉ ਪ੍ਰੀਤਿ ਅੰਤਰੁ ਮਨੁ ਬੇਧਿਆ ਹਰਿ ਬਿਨੁ ਰਹਣੁ ਨ ਜਾਈ॥	ਬੇੱਧਿਆ	Har Sio Preeth Anthar Man Baedhhiaa Har Bin Rehan N Jaaee ||	The inner depths of my mind are pierced by love for the Lord; I cannot live without the Lord.	ਹੇ ਭਾਈ! ਪਰਮਾਤਮਾ ਨਾਲ ਪਿਆਰ ਦੀ ਰਾਹੀਂ ਜਿਸ ਮਨੁੱਖ ਦਾ ਹਿਰਦਾ ਜਿਸ ਮਨੁੱਖ ਦਾ ਮਨ ਵਿੱਝ ਜਾਂਦਾ ਹੈ, ਉਹ ਪਰਮਾਤਮਾ (ਦੀ ਯਾਦ) ਤੋਂ ਬਿਨਾ ਰਹਿ ਨਹੀਂ ਸਕਦਾ।
26473	607	ਜਿਉ ਮਛੁਲੀ ਬਿਨੁ ਨੀਰੈ ਬਿਨਸੈ ਤਿਉ ਨਾਮੈ ਬਿਨੁ ਮਰਿ ਜਾਈ॥੧॥		Jio Mashhulee Bin Neerai Binasai Thio Naamai Bin Mar Jaaee ||1||	Just as the fish dies without water, I die without the Lord's Name. ||1||	ਜਿਵੇਂ ਪਾਣੀ ਤੋਂ ਬਿਨਾ ਮੱਛੀ ਮਰ ਜਾਂਦੀ ਹੈ, ਤਿਵੇਂ ਉਹ ਮਨੁੱਖ ਪ੍ਰਭੂ ਦੇ ਨਾਮ ਤੋਂ ਬਿਨਾ ਆਪਣੀ ਆਤਮਕ ਮੌਤ ਆ ਗਈ ਸਮਝਦਾ ਹੈ ॥੧॥
26474	607	ਮੇਰੇ ਪ੍ਰਭ ਕਿਰਪਾ ਜਲੁ ਦੇਵਹੁ ਹਰਿ ਨਾਈ॥		Maerae Prabh Kirapaa Jal Dhaevahu Har Naaee ||	O my God, please bless me with the water of Your Name.	ਹੇ ਮੇਰੇ ਪ੍ਰਭੂ! (ਮੈਨੂੰ ਆਪਣੀ) ਮੇਹਰ ਦਾ ਜਲ ਦੇਹ। ਹੇ ਹਰੀ! ਮੈਨੂੰ ਆਪਣੀ ਸਿਫ਼ਤ-ਸਾਲਾਹ ਦੀ ਦਾਤਿ ਦੇਹ।

26475	607	ਹਉ ਅੰਤਰਿ ਨਾਮੁ ਮੰਗਾ ਦਿਨੁ ਰਾਤੀ ਨਾਮੇ ਹੀ ਸਾਂਤਿ ਪਾਈ॥ਰਹਾਉ॥		Ho Anthar Naam Mangaa Dhin Raathee Naamae Hee Saanth Paaee || Rehaao ||	I beg for Your Name, deep within myself, day and night; through the Name, I find peace. ||Pause||	ਮੈਂ ਆਪਣੇ ਹਿਰਦੇ ਵਿਚ ਦਿਨ ਰਾਤ ਤੇਰਾ ਨਾਮ (ਹੀ) ਮੰਗਦਾ ਹਾਂ (ਕਿਉਂਕਿ ਤੇਰੇ) ਨਾਮ ਵਿਚ ਜੁੜਿਆਂ ਹੀ ਆਤਮਕ ਠੰਡ ਪ੍ਰਾਪਤ ਹੋ ਸਕਦੀ ਹੈ ਰਹਾਉ॥
26476	607	ਜਿਉ ਚਾਤ੍ਰਿਕੁ ਜਲ ਬਿਨੁ ਬਿਲਲਾਵੈ ਬਿਨੁ ਜਲ ਪਿਆਸ ਨ ਜਾਈ॥		Jio Chaathrik Jal Bin Bilalaavai Bin Jal Piaas N Jaaee ||	The song-bird cries out for lack of water - without water, its thirst cannot be quenched.	ਹੇ ਭਾਈ! ਜਿਵੇਂ ਵਰਖਾ-ਜਲ ਤੋਂ ਬਿਨਾ ਪਪੀਹਾ ਵਿਲਕਦਾ ਹੈ, ਵਰਖਾ ਦੀ ਬੂੰਦ ਤੋਂ ਬਿਨਾ ਉਸ ਦੀ ਤ੍ਰੇਹ ਨਹੀਂ ਮਿਟਦੀ,
26477	607	ਗੁਰਮੁਖਿ ਜਲੁ ਪਾਵੈ ਸੁਖ ਸਹਜੇ ਹਰਿਆ ਭਾਇ ਸੁਭਾਈ॥੨॥		Guramukh Jal Paavai Sukh Sehajae Hariaa Bhaae Subhaaee ||2||	The Gurmukh obtains the water of celestial bliss, and is rejuvenated, blossoming forth through the blessed Love of the Lord. ||2||	ਤਿਵੇਂ ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈਂਦਾ ਹੈ ਉਹ ਤਦੋਂ ਪ੍ਰਭੂ ਦੀ ਬਰਕਤਿ ਨਾਲ ਆਤਮਕ ਜੀਵਨ ਵਾਲਾ ਬਣਦਾ ਹੈ ਜਦੋਂ ਉਹ ਆਤਮਕ ਅਡੋਲਤਾ ਵਿਚ ਟਿਕ ਕੇ ਆਤਮਕ ਆਨੰਦ ਦੇਣ ਵਾਲਾ ਨਾਮ-ਜਲ (ਗੁਰੂ ਪਾਸੋਂ) ਹਾਸਲ ਕਰਦਾ ਹੈ ॥੨॥
26478	607	ਮਨਮੁਖ ਭੂਖੇ ਦਹ ਦਿਸ ਡੋਲਹਿ ਬਿਨੁ ਨਾਵੈ ਦੁਖੁ ਪਾਈ॥		Manamukh Bhookhae Dheh Dhis Ddolehi Bin Naavai Dhukh Paaee ||	The self-willed manmukhs are hungry, wandering around in the ten directions; without the Name, they suffer in pain.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮਾਇਆ ਦੀ ਭੁੱਖ ਦੇ ਮਾਰੇ ਹੋਏ ਦਸੀਂ ਪਾਸੀਂ ਡੋਲਦੇ ਫਿਰਦੇ ਹਨ। ਮਨ ਦਾ ਮੁਰੀਦ ਮਨੁੱਖ ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਦੁੱਖ ਪਾਂਦਾ ਰਹਿੰਦਾ ਹੈ।

26479	607	ਜਨਮਿ ਮਰੈ ਫਿਰਿ ਜੋਨੀ ਆਵੈ ਦਰਗਹਿ ਮਿਲੈ ਸਜਾਈ॥੩॥		Janam Marai Fir Jonee Aavai Dharagehi Milai Sajaaee ||3||	They are born, only to die, and enter into reincarnation again; in the Court of the Lord, they are punished. ||3||	ਉਹ ਜੰਮਦਾ ਹੈ ਮਰਦਾ ਹੈ, ਮੁੜ ਮੁੜ ਜੂਨਾਂ ਵਿਚ ਪਿਆ ਰਹਿੰਦਾ ਹੈ, ਪਰਮਾਤਮਾ ਦੀ ਦਰਗਾਹ ਵਿਚ ਉਸ ਨੂੰ (ਇਹ) ਸਜ਼ਾ ਮਿਲਦੀ ਹੈ ॥੩॥
26480	607	ਕ੍ਰਿਪਾ ਕਰਹਿ ਤਾ ਹਰਿ ਗੁਣ ਗਾਵਹ ਹਰਿ ਰਸੁ ਅੰਤਰਿ ਪਾਈ॥		Kirapaa Karehi Thaa Har Gun Gaaveh Har Ras Anthar Paaee ||	But if the Lord shows His Mercy, then one comes to sing His Glorious Praises; deep within the nucleus of his own self, he finds the sublime essence of the Lord's elixir.	ਹੇ ਹਰੀ! ਜੇ ਤੂੰ (ਆਪ) ਮੇਹਰ ਕਰੇਂ, ਤਾਂ ਹੀ ਅਸੀਂ ਜੀਵ ਤੇਰੀ ਸਿਫ਼ਤ-ਸਾਲਾਹ ਦੇ ਗੀਤ ਗਾ ਸਕਦੇ ਹਾਂ। (ਜਿਸ ਉੱਤੇ ਮੇਹਰ ਹੋਵੇ, ਉਹੀ ਮਨੁੱਖ) ਆਪਣੇ ਹਿਰਦੇ ਵਿਚ ਹਰਿ-ਨਾਮ ਦਾ ਸੁਆਦ ਅਨੁਭਵ ਕਰਦਾ ਹੈ।
26481	607	ਨਾਨਕ ਦੀਨ ਦਇਆਲ ਭਏ ਹੈ ਤ੍ਰਿਸਨਾ ਸਬਦਿ ਬੁਝਾਈ॥੪॥੮॥	ਬੁਝਾਈ:ਪੋਲਾ ਬੋਲੋ	Naanak Dheen Dhaeiaal Bheae Hai Thrisanaa Sabadh Bujhaaee ||4||8||	The Lord has become Merciful to meek Nanak, and through the Word of the Shabad, his desires are quenched. ||4||8||	ਹੇ ਨਾਨਕ! ਦੀਨਾਂ ਉਤੇ ਦਇਆ ਕਰਨ ਵਾਲਾ ਪ੍ਰਭੂ ਜਿਸ ਮਨੁੱਖ ਉੱਤੇ ਤੁੱਠਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦੀ (ਮਾਇਆ ਦੀ) ਤ੍ਰੇਹ ਬੁਝਾ ਦੇਂਦਾ ਹੈ ॥੪॥੮॥
26482	607	ਸੋਰਠਿ ਮਹਲਾ ੪ ਪੰਚਪਦਾ॥		Sorath Mehalaa 4 Panchapadhaa ||	Sorat'h, Fourth Mehl, Panch-Padas:	

26483	607	ਅਚਰੁ ਚਰੈ ਤਾ ਸਿਧਿ ਹੋਈ ਸਿਧੀ ਤੇ ਬੁਧਿ ਪਾਈ॥	(ਅ-ਚਰੁ) ਅਚੱਲ ਕਰਤਾਰ ਜੀ ਚ(ਚਰੈ) ਚੜ੍ਹੇ	Achar Charai Thaa Sidhh Hoee Sidhhee Thae Budhh Paaee ||	If one eats the uneatable, then he becomes a Siddha, a being of perfect spirituality; through this perfection, he obtains wisdom.	(ਹੇ ਭਾਈ! ਗੁਰੂ ਦੀ ਸ਼ਰਨ ਪੈ ਕੇ ਜਦੋਂ) ਮਨੁੱਖ ਇਸ ਅਜਿੱਤ ਮਨ ਨੂੰ ਜਿੱਤ ਲੈਂਦਾ ਹੈ, ਤਦੋਂ (ਜੀਵਨ-ਸੰਗ੍ਰਾਮ ਵਿਚ ਇਸ ਨੂੰ) ਕਾਮਯਾਬੀ ਹੋ ਜਾਂਦੀ ਹੈ, (ਇਸ) ਕਾਮਯਾਬੀ ਤੋਂ (ਮਨੁੱਖ ਨੂੰ ਇਹ) ਅਕਲ ਹਾਸਲ ਹੋ ਜਾਂਦੀ ਹੈ,
26484	607	ਪ੍ਰੇਮ ਕੇ ਸਰ ਲਾਗੇ ਤਨ ਭੀਤਰਿ ਤਾ ਭ੍ਰਮੁ ਕਾਟਿਆ ਜਾਈ॥੧॥	(ਸਰ) ਤੀਰ	Praem Kae Sar Laagae Than Bheethar Thaa Bhram Kaattiaa Jaaee ||1||	When the arrow of the Lord's Love pierces his body, then his doubt is eradicated. ||1||	(ਕਿ) ਪਰਮਾਤਮਾ ਦੇ ਪਿਆਰ ਦੇ ਤੀਰ (ਇਸ ਦੇ) ਹਿਰਦੇ ਵਿਚ ਵਿੱਝ ਜਾਂਦੇ ਹਨ, ਤਦੋਂ (ਇਸ ਦੇ ਮਨ ਦੀ) ਭਟਕਣਾ (ਸਦਾ ਲਈ) ਕੱਟੀ ਜਾਂਦੀ ਹੈ ॥੧॥
26485	607	ਮੇਰੇ ਗੋਬਿਦ ਅਪੁਨੇ ਜਨ ਕਉ ਦੇਹਿ ਵਡਿਆਈ॥		Maerae Gobidh Apunae Jan Ko Dhaehi Vaddiaaee ||	O my Lord of the Universe, please bless Your humble servant with glory.	ਹੇ ਮੇਰੇ ਗੋਬਿੰਦ! (ਮੈਨੂੰ) ਆਪਣੇ ਦਾਸ ਨੂੰ (ਇਹ) ਇੱਜ਼ਤ ਬਖ਼ਸ਼,
26486	607	ਗੁਰਮਤਿ ਰਾਮ ਨਾਮੁ ਪਰਗਾਸਹੁ ਸਦਾ ਰਹਹੁ ਸਰਣਾਈ॥ਰਹਾਉ॥		Guramath Raam Naam Paragaasahu Sadhaa Rehahu Saranaaee || Rehaao ||	Under Guru's Instructions, enlighten me with the Lord's Name, that I may dwell forever in Your Sanctuary. ||Pause||	(ਕਿ) ਗੁਰੂ ਦੀ ਮਤਿ ਦੀ ਰਾਹੀਂ (ਮੇਰੇ ਅੰਦਰ) ਆਪਣਾ ਨਾਮ ਪਰਗਟ ਕਰ ਦੇਹ, (ਮੈਨੂੰ) ਸਦਾ ਆਪਣੀ ਸ਼ਰਨ ਵਿਚ ਰੱਖ ਰਹਾਉ॥

26487	607	ਇਹੁ ਸੰਸਾਰੁ ਸਭੁ ਆਵਣ ਜਾਣਾ ਮਨ ਮੂਰਖ ਚੇਤਿ ਅਜਾਣਾ॥		Eihu Sansaar Sabh Aavan Jaanaa Man Moorakh Chaeth Ajaanaa ||	This whole world is engrossed in coming and going; O my foolish and ignorant mind, be mindful of the Lord.	ਹੇ ਮੂਰਖ ਅੰਞਾਣ ਮਨ! ਇਹ ਜਗਤ (ਦਾ ਮੋਹ) ਜਨਮ ਮਰਨ (ਦਾ ਕਾਰਨ ਬਣਿਆ ਰਹਿੰਦਾ) ਹੈ (ਇਸ ਤੋਂ ਬਚਣ ਲਈ ਪਰਮਾਤਮਾ ਦਾ ਨਾਮ) ਸਿਮਰਦਾ ਰਹੁ।
26488	607	ਹਰਿ ਜੀਉ ਕ੍ਰਿਪਾ ਕਰਹੁ ਗੁਰੁ ਮੇਲਹੁ ਤਾ ਹਰਿ ਨਾਮਿ ਸਮਾਣਾ॥੨॥		Har Jeeo Kirapaa Karahu Gur Maelahu Thaa Har Naam Samaanaa ||2||	O Dear Lord, please, take pity upon me, and unite me with the Guru, that I may merge in the Lord's Name. ||2||	ਹੇ ਹਰੀ! (ਮੇਰੇ ਉੱਤੇ) ਮੇਹਰ ਕਰ, ਮੈਨੂੰ ਗੁਰੂ ਮਿਲਾ, ਤਦੋਂ ਹੀ ਤੇਰੇ ਨਾਮ ਵਿਚ ਲੀਨਤਾ ਹੋ ਸਕਦੀ ਹੈ ॥੨॥
26489	607	ਜਿਸ ਕੀ ਵਥੁ ਸੋਈ ਪ੍ਰਭੁ ਜਾਣੈ ਜਿਸ ਨੋ ਦੇਇ ਸੁ ਪਾਏ॥		Jis Kee Vathh Soee Prabh Jaanai Jis No Dhaee S Paaeae ||	Only one who has it knows God; he alone has it, to whom God has given it - ||3||	ਹੇ ਭਾਈ! ਇਹ ਨਾਮ-ਵਸਤੁ ਜਿਸ (ਪਰਮਾਤਮਾ) ਦੀ (ਮਲਕੀਅਤ) ਹੈ, ਉਹੀ ਜਾਣਦਾ ਹੈ (ਕਿ ਇਹ ਵਸਤੁ ਕਿਸ ਨੂੰ ਦੇਣੀ ਹੈ), ਜਿਸ ਜੀਵ ਨੂੰ ਪ੍ਰਭੂ ਇਹ ਦਾਤਿ ਦੇਂਦਾ ਹੈ ਉਹੀ ਲੈ ਸਕਦਾ ਹੈ।

26490	607	ਵਸਤੁ ਅਨੂਪ ਅਤਿ ਅਗਮ ਅਗੋਚਰ ਗੁਰੁ ਪੂਰਾ ਅਲਖੁ ਲਖਾਏ॥੩॥	(ਅਨੂਪ) ਸੁੰਦਰ। ਅ-ਲਖ:ਪੋਲਾ ਬੋਲੋ	Vasath Anoop Ath Agam Agochar Gur Pooraa Alakh Lakhaaeae ||3||	So very beautiful, unapproachable and unfathomable. Through the Perfect Guru, the unknowable is known.	ਇਹ ਵਸਤ ਐਸੀ ਸੁੰਦਰ ਹੈ ਕਿ ਜਗਤ ਵਿਚ ਇਸ ਵਰਗੀ ਹੋਰ ਕੋਈ ਨਹੀਂ, (ਕਿਸੇ ਚਤੁਰਾਈ-ਸਿਆਣਪ ਦੀ ਰਾਹੀਂ) ਇਸ ਤਕ ਪਹੁੰਚ ਨਹੀਂ ਹੋ ਸਕਦੀ, ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਭੀ ਇਸ ਤਕ ਪਹੁੰਚ ਨਹੀਂ। (ਜੇ) ਪੂਰਾ ਗੁਰੂ (ਮਿਲ ਪਏ, ਤਾਂ ਉਹੀ) ਅਦ੍ਰਿਸ਼ਟ ਪ੍ਰਭੂ ਦਾ ਦੀਦਾਰ ਕਰਾ ਸਕਦਾ ਹੈ ॥੩॥
26491	607	ਜਿਨਿ ਇਹ ਚਾਖੀ ਸੋਈ ਜਾਣੈ ਗੂੰਗੇ ਕੀ ਮਿਠਿਆਈ॥		Jin Eih Chaakhee Soee Jaanai Goongae Kee Mithiaaee ||	Only one who tastes it knows it, like the mute, who tastes the sweet candy, but cannot speak of it.	ਹੇ ਭਾਈ! ਜਿਸ ਮਨੁੱਖ ਨੇ ਇਹ ਨਾਮ-ਵਸਤੁ ਚੱਖੀ ਹੈ (ਇਸ ਦਾ ਸੁਆਦ) ਉਹੀ ਜਾਣਦਾ ਹੈ, (ਉਹ ਬਿਆਨ ਨਹੀਂ ਕਰ ਸਕਦਾ, ਜਿਵੇਂ) ਗੁੰਗੇ ਦੀ (ਖਾਧੀ) ਮਿਠਿਆਈ (ਦਾ ਸੁਆਦ) ਗੁੰਗਾ ਦੱਸ ਨਹੀਂ ਸਕਦਾ।
26492	608	ਰਤਨੁ ਲੁਕਾਇਆ ਲੂਕੈ ਨਾਹੀ ਜੇ ਕੋ ਰਖੈ ਲੁਕਾਈ॥੪॥		Rathan Lukaaeiaa Lookai Naahee Jae Ko Rakhai Lukaaee ||4||	The jewel is concealed, but it is not concealed, even though one may try to conceal it. ||4||	(ਹਾਂ ਜੇ ਕਿਸੇ ਨੂੰ ਇਹ ਨਾਮ-ਰਤਨ ਹਾਸਲ ਹੋ ਜਾਵੇ, ਤਾਂ) ਜੇ ਉਹ ਮਨੁੱਖ (ਇਸ ਰਤਨ ਨੂੰ ਆਪਣੇ ਅੰਦਰ) ਲੁਕਾ ਕੇ ਰੱਖਣਾ ਚਾਹੇ, ਤਾਂ ਲੁਕਾਇਆਂ ਇਹ ਰਤਨ ਲੁਕਦਾ ਨਹੀਂ (ਉਸ ਦੇ ਆਤਮਕ ਜੀਵਨ ਤੋਂ ਰਤਨ-ਪ੍ਰਾਪਤੀ ਦੇ ਲੱਛਣ ਦਿੱਸ ਪੈਂਦੇ ਹਨ) ॥੪॥

26493	608	ਸਭੁ ਕਿਛੁ ਤੇਰਾ ਤੂ ਅੰਤਰਜਾਮੀ ਤੂ ਸਭਨਾ ਕਾ ਪ੍ਰਭੁ ਸੋਈ॥		Sabh Kishh Thaeraa Thoo Antharajaamee Thoo Sabhanaa Kaa Prabh Soee ||	Everything is Yours, O Inner-knower, Searcher of hearts; You are the Lord God of all.	ਹੇ ਪ੍ਰਭੂ! ਇਹ ਸਾਰਾ ਜਗਤ ਤੇਰਾ ਬਣਾਇਆ ਹੋਇਆ ਹੈ, ਤੂੰ ਸਭ ਜੀਵਾਂ ਦੇ ਦਿਲ ਦੀ ਜਾਣਨ-ਵਾਲਾ ਹੈਂ, ਤੂੰ ਸਭ ਦੀ ਸਾਰ ਲੈਣ ਵਾਲਾ ਮਾਲਕ ਹੈਂ।
26494	608	ਜਿਸ ਨੋ ਦਾਤਿ ਕਰਹਿ ਸੋ ਪਾਏ ਜਨ ਨਾਨਕ ਅਵਰੁ ਨ ਕੋਈ॥੫॥੯॥		Jis No Dhaath Karehi So Paaeae Jan Naanak Avar N Koee ||5||9||	He alone receives the gift, unto whom You give it; O servant Nanak, there is no one else. ||5||9||	ਹੇ ਨਾਨਕ! (ਆਖ-ਹੇ ਪ੍ਰਭੂ!) ਉਹੀ ਮਨੁੱਖ ਤੇਰਾ ਨਾਮ ਹਾਸਲ ਕਰ ਸਕਦਾ ਹੈ ਜਿਸ ਨੂੰ ਤੂੰ ਇਹ ਦਾਤਿ ਬਖ਼ਸ਼ਦਾ ਹੈਂ। ਹੋਰ ਕੋਈ ਭੀ ਐਸਾ ਜੀਵ ਨਹੀਂ (ਜੋ ਤੇਰੀ ਬਖ਼ਸ਼ਸ਼ ਤੋਂ ਬਿਨਾ ਤੇਰਾ ਨਾਮ ਪ੍ਰਾਪਤ ਕਰ ਸਕੇ) ॥੫॥੯॥
26495	608	ਸੋਰਠਿ ਮਹਲਾ ੫ ਘਰੁ ੧ ਤਿਤੁਕੇ	ਤਿ-ਤੁਕੇ:ਪੋਲਾ ਬੋਲੋ	Sorath Mehalaa 5 Ghar 1 Thithukae	Sorat'h, Fifth Mehl, First House, Ti-Tukas:	ਰਾਗ ਸੋਰਠਿ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਤਿਨ-ਤੁਕੀ ਬਾਣੀ।
26496	608	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
26497	608	ਕਿਸ ਹਉ ਜਾਚੀ ਕਿਸ ਆਰਾਧੀ ਜਾ ਸਭੁ ਕੋ ਕੀਤਾ ਹੋਸੀ॥		Kis Ho Jaachee Kis Aaraadhhee Jaa Sabh Ko Keethaa Hosee ||	Who should I ask? Who should I worship? All were created by Him.	ਹੇ ਭਾਈ! ਜਦੋਂ ਹਰੇਕ ਜੀਵ ਪਰਮਾਤਮਾ ਦਾ ਹੀ ਪੈਦਾ ਕੀਤਾ ਹੋਇਆ ਹੈ, ਤਾਂ (ਉਸ ਕਰਤਾਰ ਨੂੰ ਛੱਡ ਕੇ) ਮੈਂ ਹੋਰ ਕਿਸ ਪਾਸੋਂ ਕੁਝ ਮੰਗਾਂ? ਮੈਂ ਹੋਰ ਕਿਸ ਦੀ ਆਸ ਰੱਖਦਾ ਫਿਰਾਂ?

26498	608	ਜੋ ਜੋ ਦੀਸੈ ਵਡਾ ਵਡੇਰਾ ਸੋ ਸੋ ਖਾਕੂ ਰਲਸੀ॥		Jo Jo Dheesai Vaddaa Vaddaeraa So So Khaakoo Ralasee ||	Whoever appears to be the greatest of the great, shall ultimately be mixed with the dust.	ਜੇਹੜਾ ਭੀ ਕੋਈ ਵੱਡਾ ਜਾਂ ਧਨਾਢ ਮਨੁੱਖ ਦਿੱਸਦਾ ਹੈ, ਹਰੇਕ ਨੇ (ਮਰ ਕੇ) ਮਿੱਟੀ ਵਿਚ ਰਲ ਜਾਣਾ ਹੈ (ਇਕ ਪਰਮਾਤਮਾ ਹੀ ਸਦਾ ਕਾਇਮ ਰਹਿਣ ਵਾਲਾ ਦਾਤਾ ਹੈ)।
26499	608	ਨਿਰਭਉ ਨਿਰੰਕਾਰੁ ਭਵ ਖੰਡਨੁ ਸਭਿ ਸੁਖ ਨਵ ਨਿਧਿ ਦੇਸੀ॥੧॥		Nirabho Nirankaar Bhav Khanddan Sabh Sukh Nav Nidhh Dhaesee ||1||	The Fearless, Formless Lord, the Destroyer of Fear bestows all comforts, and the nine treasures. ||1||	ਹੇ ਭਾਈ! ਸਾਰੇ ਸੁਖ ਤੇ ਜਗਤ ਦੇ ਸਾਰੇ ਨੌ ਖ਼ਜ਼ਾਨੇ ਉਹ ਨਿਰੰਕਾਰ ਹੀ ਦੇਣ ਵਾਲਾ ਹੈ ਜਿਸ ਨੂੰ ਕਿਸੇ ਦਾ ਡਰ ਨਹੀਂ, ਤੇ, ਜੋ ਸਭ ਜੀਵਾਂ ਦਾ ਜਨਮ ਮਰਨ ਨਾਸ ਕਰਨ ਵਾਲਾ ਹੈ ॥੧॥
26500	608	ਹਰਿ ਜੀਉ ਤੇਰੀ ਦਾਤੀ ਰਾਜਾ॥	ਦਾੱਤੀਂ	Har Jeeo Thaeree Dhaathee Raajaa ||	O Dear Lord, Your gifts alone satisfy me.	ਹੇ ਪ੍ਰਭੂ ਜੀ! ਮੈਂ ਤੇਰੀਆਂ (ਦਿੱਤੀਆਂ) ਦਾਤਾਂ ਨਾਲ (ਹੀ) ਰੱਜ ਸਕਦਾ ਹਾਂ।
26501	608	ਮਾਣਸੁ ਬਪੁੜਾ ਕਿਆ ਸਾਲਾਹੀ ਕਿਆ ਤਿਸ ਕਾ ਮੁਹਤਾਜਾ॥ਰਹਾਉ॥		Maanas Bapurraa Kiaa Saalaahee Kiaa This Kaa Muhathaajaa || Rehaao ||	Why should I praise the poor helpless man? Why should I feel subservient to him? ||Pause||	ਮੈਂ ਕਿਸੇ ਵਿਚਾਰੇ ਮਨੁੱਖ ਦੀ ਵਡਿਆਈ ਕਿਉਂ ਕਰਦਾ ਫਿਰਾਂ? ਮੈਨੂੰ ਕਿਸੇ ਮਨੁੱਖ ਦੀ ਮੁਥਾਜੀ ਕਿਉਂ ਹੋਵੇ? ਰਹਾਉ॥

26502	608	ਜਿਨਿ ਹਰਿ ਧਿਆਇਆ ਸਭੁ ਕਿਛੁ ਤਿਸ ਕਾ ਤਿਸ ਕੀ ਭੂਖ ਗਵਾਈ॥		Jin Har Dhhiaaeiaa Sabh Kishh This Kaa This Kee Bhookh Gavaaee ||	All things come to one who meditates on the Lord; the Lord satisfies his hunger.	ਹੇ ਭਾਈ! ਜਿਸ ਮਨੁੱਖ ਨੇ ਪਰਮਾਤਮਾ ਦੀ ਭਗਤੀ ਸ਼ੁਰੂ ਕਰ ਦਿੱਤੀ, ਜਗਤ ਦੀ ਹਰੇਕ ਚੀਜ਼ ਹੀ ਉਸ ਦੀ ਬਣ ਜਾਂਦੀ ਹੈ, ਪਰਮਾਤਮਾ ਉਸ ਦੇ ਅੰਦਰੋਂ (ਮਾਇਆ ਦੀ) ਭੁੱਖ ਦੂਰ ਕਰ ਦੇਂਦਾ ਹੈ।
26503	608	ਐਸਾ ਧਨੁ ਦੀਆ ਸੁਖਦਾਤੈ ਨਿਖੁਟਿ ਨ ਕਬ ਹੀ ਜਾਈ॥	(ਨਿ-ਖੁੱਟਿ) ਮੁੱਕਣਾ	Aisaa Dhhan Dheeaa Sukhadhaathai Nikhutt N Kab Hee Jaaee ||	The Lord, the Giver of peace, bestows such wealth, that it can never be exhausted.	ਸੁਖਦਾਤੇ ਪ੍ਰਭੂ ਨੇ ਉਸ ਨੂੰ ਅਜੇਹਾ (ਨਾਮ-) ਧਨ ਦੇ ਦਿੱਤਾ ਹੈ ਜੋ (ਉਸ ਪਾਸੋਂ) ਕਦੇ ਭੀ ਨਹੀਂ ਮੁੱਕਦਾ।
26504	608	ਅਨਦੁ ਭਇਆ ਸੁਖ ਸਹਜਿ ਸਮਾਣੇ ਸਤਿਗੁਰਿ ਮੇਲਿ ਮਿਲਾਈ॥੨॥		Anadh Bhaeiaa Sukh Sehaj Samaanae Sathigur Mael Milaaee ||2||	I am in ecstasy, absorbed in celestial peace; the True Guru has united me in His Union. ||2||	ਗੁਰੂ ਨੇ ਉਸ ਪਰਮਾਤਮਾ ਦੇ ਚਰਨਾਂ ਵਿਚ (ਜਦੋਂ) ਮਿਲਾ ਦਿੱਤਾ, ਤਾਂ ਆਤਮਕ ਅਡੋਲਤਾ ਦੇ ਕਾਰਨ ਉਸ ਦੇ ਅੰਦਰ ਆਨੰਦ ਤੇ ਸਾਰੇ ਸੁਖ ਆ ਵੱਸਦੇ ਹਨ ॥੨॥
26505	608	ਮਨ ਨਾਮੁ ਜਪਿ ਨਾਮੁ ਆਰਾਧਿ ਅਨ ਦਿਨੁ ਨਾਮੁ ਵਖਾਣੀ॥		Man Naam Jap Naam Aaraadhh Anadhin Naam Vakhaanee ||	O mind, chant the Naam, the Name of the Lord; worship the Naam, night and day, and recite the Naam.	ਹੇ (ਮੇਰੇ) ਮਨ! ਹਰ ਵੇਲੇ ਪਰਮਾਤਮਾ ਦਾ ਨਾਮ ਜਪਿਆ ਕਰ, ਸਿਮਰਿਆ ਕਰ, ਉਚਾਰਿਆ ਕਰ।

26506	608	ਉਪਦੇਸੁ ਸੁਨਿ ਸਾਧ ਸੰਤਨ ਕਾ ਸਭ ਚੂਕੀ ਕਾਨਿ ਜਮਾਨੀ॥		Oupadhaes Sun Saadhh Santhan Kaa Sabh Chookee Kaan Jamaanee ||	Listen to the Teachings of the Holy Saints, and all fear of death will be dispelled.	ਸੰਤ ਜਨਾਂ ਦਾ ਉਪਦੇਸ਼ ਸੁਣ ਕੇ ਜਮਾਂ ਦੀ ਭੀ ਸਾਰੀ ਮੁਥਾਜੀ ਮੁੱਕ ਜਾਂਦੀ ਹੈ।
26507	608	ਜਿਨ ਕਉ ਕ੍ਰਿਪਾਲੁ ਹੋਆ ਪ੍ਰਭੁ ਮੇਰਾ ਸੇ ਲਾਗੇ ਗੁਰ ਕੀ ਬਾਣੀ॥੩॥		Jin Ko Kirapaal Hoaa Prabh Maeraa Sae Laagae Gur Kee Baanee ||3||	Those blessed by God's Grace are attached to the Word of the Guru's Bani. ||3||	(ਪਰ, ਹੇ ਮਨ!) ਸਤਿਗੁਰੂ ਦੀ ਬਾਣੀ ਵਿਚ ਉਹੀ ਮਨੁੱਖ ਸੁਰਤਿ ਜੋੜਦੇ ਹਨ, ਜਿਨ੍ਹਾਂ ਉਤੇ ਪਿਆਰਾ ਪ੍ਰਭੂ ਆਪ ਦਇਆਵਾਨ ਹੁੰਦਾ ਹੈ ॥੩॥
26508	608	ਕੀਮਤਿ ਕਉਣੁ ਕਰੈ ਪ੍ਰਭ ਤੇਰੀ ਤੂ ਸਰਬ ਜੀਆ ਦਇਆਲਾ॥		Keemath Koun Karai Prabh Thaeree Thoo Sarab Jeeaa Dhaeiaalaa ||	Who can estimate Your worth, God? You are kind and compassionate to all beings.	ਹੇ ਪ੍ਰਭੂ! ਤੇਰੀ (ਮੇਹਰ ਦੀ) ਕੀਮਤ ਕੌਣ ਪਾ ਸਕਦਾ ਹੈ? ਤੂੰ ਸਾਰੇ ਹੀ ਜੀਵਾਂ ਉੱਤੇ ਮੇਹਰ ਕਰਨ ਵਾਲਾ ਹੈਂ।
26509	608	ਸਭੁ ਕਿਛੁ ਕੀਤਾ ਤੇਰਾ ਵਰਤੈ ਕਿਆ ਹਮ ਬਾਲ ਗੁਪਾਲਾ॥		Sabh Kishh Keethaa Thaeraa Varathai Kiaa Ham Baal Gupaalaa ||	Everything which You do, prevails; I am just a poor child - what can I do?	ਹੇ ਗੋਪਾਲ ਪ੍ਰਭੂ! ਸਾਡੀ ਜੀਵਾਂ ਦੀ ਕੀਹ ਪਾਂਇਆਂ ਹੈ? ਜਗਤ ਵਿਚ ਹਰੇਕ ਕੰਮ ਤੇਰਾ ਹੀ ਕੀਤਾ ਹੋਇਆ ਹੁੰਦਾ ਹੈ।

26510	608	ਰਾਖਿ ਲੇਹੁ ਨਾਨਕੁ ਜਨੁ ਤੁਮਰਾ ਜਿਉ ਪਿਤਾ ਪੂਤ ਕਿਰਪਾਲਾ॥੪॥੧॥		Raakh Laehu Naanak Jan Thumaraa Jio Pithaa Pooth Kirapaalaa ||4||1||	Protect and preserve Your servant Nanak; be kind to him, like a father to his son. ||4||1||	ਹੇ ਪ੍ਰਭੂ! ਨਾਨਕ ਤੇਰਾ ਦਾਸ ਹੈ, (ਇਸ ਦਾਸ ਦੀ) ਰੱਖਿਆ ਉਸੇ ਤਰ੍ਹਾਂ ਕਰਦਾ ਰਹੁ, ਜਿਵੇਂ ਪਿਉ ਆਪਣੇ ਪੁਤਰਾਂ ਉਤੇ ਕਿਰਪਾਲ ਹੋ ਕੇ ਕਰਦਾ ਹੈ ॥੪॥੧॥
26511	608	ਸੋਰਠਿ ਮਹਲਾ ੫ ਘਰੁ ੧ ਚੌਤੁਕੇ॥	ਚੌ-ਤੁਕੇ:ਪੋਲਾ ਬੋਲੋ	Sorath Mehalaa 5 Ghar 1 Chaathukae ||	Sorat'h, Fifth Mehl, First House, Chau-Tukas:	
26512	608	ਗੁਰੁ ਗੋਵਿੰਦੁ ਸਲਾਹੀਐ ਭਾਈ ਮਨਿ ਤਨਿ ਹਿਰਦੈ ਧਾਰ॥		Gur Govindh Salaaheeai Bhaaee Man Than Hiradhai Dhhaar ||	Praise the Guru, and the Lord of the Universe, O Siblings of Destiny; enshrine Him in your mind, body and heart.	ਹੇ ਭਾਈ! ਮਨ ਵਿਚ, ਤਨ ਵਿਚ, ਹਿਰਦੇ ਵਿਚ, (ਪ੍ਰਭੂ ਨੂੰ) ਟਿਕਾ ਕੇ ਉਸ ਸਭ ਤੋਂ ਵੱਡੇ ਗੋਬਿੰਦ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ।
26513	608	ਸਾਚਾ ਸਾਹਿਬੁ ਮਨਿ ਵਸੈ ਭਾਈ ਏਹਾ ਕਰਣੀ ਸਾਰ॥		Saachaa Saahib Man Vasai Bhaaee Eaehaa Karanee Saar ||	Let the True Lord and Master abide in your mind, O Siblings of Destiny; this is the most excellent way of life.	ਮਨੁੱਖ ਵਾਸਤੇ ਸਭ ਤੋਂ ਸ੍ਰੇਸ਼ਟ ਕਰਤੱਬ ਹੈ ਹੀ ਇਹ ਕਿ ਸਦਾ ਕਾਇਮ ਰਹਿਣ ਵਾਲਾ ਮਾਲਕ-ਪ੍ਰਭੂ (ਮਨੁੱਖ ਦੇ) ਮਨ ਵਿਚ ਵੱਸਿਆ ਰਹੇ।
26514	608	ਜਿਤੁ ਤਨਿ ਨਾਮੁ ਨ ਊਪਜੈ ਭਾਈ ਸੇ ਤਨ ਹੋਏ ਛਾਰ॥		Jith Than Naam N Oopajai Bhaaee Sae Than Hoeae Shhaar ||	Those bodies, in which the Name of the Lord does not well up, O Siblings of Destiny - those bodies are reduced to ashes.	ਹੇ ਭਾਈ! ਜਿਸ ਜਿਸ ਸਰੀਰ ਵਿਚ ਪਰਮਾਤਮਾ ਦਾ ਨਾਮ ਪਰਗਟ ਨਹੀਂ ਹੁੰਦਾ ਉਹ ਸਾਰੇ ਸਰੀਰ ਵਿਅਰਥ ਗਏ ਸਮਝੋ।

26515	608	ਸਾਧਸੰਗਤਿ ਕਉ ਵਾਰਿਆ ਭਾਈ ਜਿਨ ਏਕੰਕਾਰ ਅਧਾਰ॥੧॥		Saadhhasangath Ko Vaariaa Bhaaee Jin Eaekankaar Adhhaar ||1||	I am a sacrifice to the Saadh Sangat, the Company of the Holy, O Siblings of Destiny; they take the Support of the One and Only Lord. ||1||	ਹੇ ਭਾਈ! (ਮੈਂ ਤਾਂ ਉਹਨਾਂ ਗੁਰਮੁਖਾਂ ਦੀ ਸੰਗਤਿ ਤੋਂ ਕੁਰਬਾਨ ਜਾਂਦਾ ਹਾਂ ਜਿਨ੍ਹਾਂ ਨੇ ਇੱਕ ਪਰਮਾਤਮਾ (ਦੇ ਨਾਮ ਨੂੰ ਜ਼ਿੰਦਗੀ) ਦਾ ਆਸਰਾ (ਬਣਾਇਆ ਹੋਇਆ) ਹੈ ॥੧॥
26516	608	ਸੋਈ ਸਚੁ ਅਰਾਧਣਾ ਭਾਈ ਜਿਸ ਤੇ ਸਭੁ ਕਿਛੁ ਹੋਇ॥		Soee Sach Araadhhanaa Bhaaee Jis Thae Sabh Kishh Hoe ||	So worship and adore that True Lord, O Siblings of Destiny; He alone does everything.	ਹੇ ਭਾਈ! ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਹੀ ਆਰਾਧਨਾ ਕਰਨੀ ਚਾਹੀਦੀ ਹੈ, ਜਿਸ ਤੋਂ (ਜਗਤ ਦੀ) ਹਰੇਕ ਚੀਜ਼ ਹੋਂਦ ਵਿਚ ਆਈ ਹੈ।
26517	608	ਗੁਰਿ ਪੂਰੈ ਜਾਣਾਇਆ ਭਾਈ ਤਿਸੁ ਬਿਨੁ ਅਵਰੁ ਨ ਕੋਇ॥ਰਹਾਉ॥		Gur Poorai Jaanaaeiaa Bhaaee This Bin Avar N Koe || Rehaao ||	The Perfect Guru has taught me, O Siblings of Destiny, that without Him, there is no other at all. ||Pause||	ਹੇ ਭਾਈ! ਪੂਰੇ ਗੁਰੂ ਨੇ (ਮੈਨੂੰ ਇਹ) ਸਮਝ ਬਖ਼ਸ਼ੀ ਹੈ ਕਿ ਉਸ (ਪਰਮਾਤਮਾ) ਤੋਂ ਬਿਨਾ ਹੋਰ ਕੋਈ (ਪੂਜਣ-ਜੋਗ) ਨਹੀਂ ਹੈ ਰਹਾਉ॥
26518	608	ਨਾਮ ਵਿਹੂਣੇ ਪਚਿ ਮੁਏ ਭਾਈ ਗਣਤ ਨ ਜਾਇ ਗਣੀ॥	ਪਚਿ:ਪੋਲਾ ਬੋਲੋ	Naam Vihoonae Pach Mueae Bhaaee Ganath N Jaae Ganee ||	Without the Naam, the Name of the Lord, they putrefy and die, O Siblings of Destiny; their numbers cannot be counted.	ਹੇ ਭਾਈ! ਉਹਨਾਂ ਮਨੁੱਖਾਂ ਦੀ ਗਿਣਤੀ ਗਿਣੀ ਨਹੀਂ ਜਾ ਸਕਦੀ, ਜੇਹੜੇ ਪਰਮਾਤਮਾ ਦੇ ਨਾਮ ਤੋਂ ਵਾਂਜੇ ਰਹਿ ਕੇ (ਮਾਇਆ ਦੇ ਮੋਹ ਵਿਚ) ਉਲਝ ਕੇ ਆਤਮਕ ਮੌਤੇ ਮਰਦੇ ਰਹਿੰਦੇ ਹਨ।

26519	608	ਵਿਣੁ ਸਚ ਸੋਚ ਨ ਪਾਈਐ ਭਾਈ ਸਾਚਾ ਅਗਮ ਧਣੀ॥		Vin Sach Soch N Paaeeai Bhaaee Saachaa Agam Dhhanee ||	Without Truth, purity cannot be achieved, O Siblings of Destiny; the Lord is true and unfathomable.	ਹੇ ਭਾਈ! ਸਦਾ-ਥਿਰ ਪ੍ਰਭੂ (ਦੇ ਨਾਮ) ਤੋਂ ਬਿਨਾ ਆਤਮਕ ਪਵਿਤ੍ਰਤਾ ਪ੍ਰਾਪਤ ਨਹੀਂ ਹੋ ਸਕਦੀ। ਉਹ ਸਦਾ-ਥਿਰ ਅਪਹੁੰਚ ਮਾਲਕ ਹੀ (ਪਵਿਤ੍ਰਤਾ ਦਾ ਸੋਮਾ ਹੈ)।
26520	608	ਆਵਣ ਜਾਣੁ ਨ ਚੁਕਈ ਭਾਈ ਝੂਠੀ ਦੁਨੀ ਮਣੀ॥		Aavan Jaan N Chukee Bhaaee Jhoothee Dhunee Manee ||	Coming and going do not end, O Siblings of Destiny; pride in worldly valuables is false.	ਹੇ ਭਾਈ! (ਪ੍ਰਭੂ ਦੇ ਨਾਮ ਤੋਂ ਬਿਨਾ) ਜਨਮ ਮਰਨ (ਦਾ ਗੇੜ) ਨਹੀਂ ਮੁੱਕਦਾ। ਦੁਨੀਆ ਦੇ ਪਦਾਰਥਾਂ ਦਾ ਮਾਣ ਕੂੜਾ ਹੈ (ਇਹ ਮਾਣ ਤਾਂ ਲੈ ਡੁੱਬਦਾ ਹੈ, ਜਨਮ ਮਰਨ ਵਿਚ ਪਾਈ ਰੱਖਦਾ ਹੈ)।
26521	608	ਗੁਰਮੁਖਿ ਕੋਟਿ ਉਧਾਰਦਾ ਭਾਈ ਦੇ ਨਾਵੈ ਏਕ ਕਣੀ॥੨॥		Guramukh Kott Oudhhaaradhaa Bhaaee Dhae Naavai Eaek Kanee ||2||	The Gurmukh saves millions of people, O Siblings of Destiny, blessing them with even a particle of the Name. ||2||	(ਦੂਜੇ ਪਾਸੇ) ਹੇ ਭਾਈ! ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਹਰਿ-ਨਾਮ ਦੀ ਇਕ ਕਣੀ ਹੀ ਦੇ ਕੇ ਕ੍ਰੋੜਾਂ ਨੂੰ (ਜਨਮ ਮਰਨ ਦੇ ਗੇੜ ਵਿਚੋਂ) ਬਚਾ ਲੈਂਦਾ ਹੈ ॥੨॥
26522	608	ਸਿੰਮ੍ਰਿਤਿ ਸਾਸਤ ਸੋਧਿਆ ਭਾਈ ਵਿਣੁ ਸਤਿਗੁਰ ਭਰਮੁ ਨ ਜਾਇ॥	ਸਿੰਮ੍ਰਿਤਿ	Sinmrith Saasath Sodhhiaa Bhaaee Vin Sathigur Bharam N Jaae ||	I have searched through the Simritees and the Shaastras, O Siblings of Destiny - without the True Guru, doubt does not depart.	ਹੇ ਭਾਈ! ਸਿੰਮ੍ਰਿਤੀਆਂ ਸ਼ਾਸਤ੍ਰ ਵਿਚਾਰ ਵੇਖੇ ਹਨ (ਉਹਨਾਂ ਪਾਸੋਂ ਭੀ ਕੁਝ ਨਹੀਂ ਮਿਲਦਾ), ਗੁਰੂ ਤੋਂ ਬਿਨਾ (ਕਿਸੇ ਹੋਰ ਪਾਸੋਂ) ਭਟਕਣਾ ਦੂਰ ਨਹੀਂ ਹੋ ਸਕਦੀ।

26523	608	ਅਨਿਕ ਕਰਮ ਕਰਿ ਥਾਕਿਆ ਭਾਈ ਫਿਰਿ ਫਿਰਿ ਬੰਧਨ ਪਾਇ॥		Anik Karam Kar Thhaakiaa Bhaaee Fir Fir Bandhhan Paae ||	They are so tired of performing their many deeds, O Siblings of Destiny, but they fall into bondage again and again.	ਹੇ ਭਾਈ! (ਸ਼ਾਸਤ੍ਰ ਦੇ ਦੱਸੇ ਹੋਏ) ਅਨੇਕਾਂ ਕਰਮ ਕਰ ਕੇ ਮਨੁੱਖ ਥੱਕ ਜਾਂਦਾ ਹੈ, (ਸਗੋਂ) ਮੁੜ ਮੁੜ ਬੰਧਨ ਹੀ ਸਹੇੜਦਾ ਹੈ।
26524	608	ਚਾਰੇ ਕੁੰਡਾ ਸੋਧੀਆ ਭਾਈ ਵਿਣੁ ਸਤਿਗੁਰ ਨਾਹੀ ਜਾਇ॥		Chaarae Kunddaa Sodhheeaa Bhaaee Vin Sathigur Naahee Jaae ||	I have searched in the four directions, O Siblings of Destiny, but without the True Guru, there is no place at all.	ਹੇ ਭਾਈ! ਸਾਰਾ ਜਗਤ ਢੂੰਢ ਕੇ ਵੇਖ ਲਿਆ ਹੈ (ਭਟਕਣਾ ਨੂੰ ਦੂਰ ਕਰਨ ਲਈ) ਗੁਰੂ ਤੋਂ ਬਿਨਾ ਹੋਰ ਕੋਈ ਥਾਂ ਨਹੀਂ ਹੈ।
26525	609	ਵਡਭਾਗੀ ਗੁਰੁ ਪਾਇਆ ਭਾਈ ਹਰਿ ਹਰਿ ਨਾਮੁ ਧਿਆਇ॥੩॥		Vaddabhaagee Gur Paaeiaa Bhaaee Har Har Naam Dhhiaae ||3||	By great good fortune, I found the Guru, O Siblings of Destiny, and I meditate on the Name of the Lord, Har, Har. ||3||	ਹੇ ਭਾਈ! ਜਿਸ ਵਡਭਾਗੀ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਉਹ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਹੈ ॥੩॥
26526	609	ਸਚੁ ਸਦਾ ਹੈ ਨਿਰਮਲਾ ਭਾਈ ਨਿਰਮਲ ਸਾਚੇ ਸੋਇ॥		Sach Sadhaa Hai Niramalaa Bhaaee Niramal Saachae Soe ||	The Truth is forever pure, O Siblings of Destiny; those who are true are pure.	ਹੇ ਭਾਈ! ਸਦਾ-ਥਿਰ ਰਹਿਣ ਵਾਲਾ ਪਰਮਾਤਮਾ (ਹੀ) ਸਦਾ ਪਵਿਤ੍ਰ ਹੈ, ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਪਵਿਤ੍ਰ ਹੈ।

26527	609	ਨਦਰਿ ਕਰੇ ਜਿਸੁ ਆਪਣੀ ਭਾਈ ਤਿਸੁ ਪਰਾਪਤਿ ਹੋਇ॥		Nadhar Karae Jis Aapanee Bhaaee This Paraapath Hoe ||	When the Lord bestows His Glance of Grace, O Siblings of Destiny, then one obtains Him.	ਹੇ ਭਾਈ! ਇਹ ਸਿਫ਼ਤ-ਸਾਲਾਹ ਉਸ ਮਨੁੱਖ ਨੂੰ ਮਿਲਦੀ ਹੈ ਜਿਸ ਉੱਤੇ ਪ੍ਰਭੂ ਮੇਹਰ ਦੀ ਨਜ਼ਰ ਕਰਦਾ ਹੈ,
26528	609	ਕੋਟਿ ਮਧੇ ਜਨੁ ਪਾਈਐ ਭਾਈ ਵਿਰਲਾ ਕੋਈ ਕੋਇ॥		Kott Madhhae Jan Paaeeai Bhaaee Viralaa Koee Koe ||	Among millions, O Siblings of Destiny, hardly one humble servant of the Lord is found.	ਤੇ, ਇਹੋ ਜਿਹਾ ਕੋਈ ਮਨੁੱਖ ਕ੍ਰੋੜਾਂ ਵਿਚੋਂ ਹੀ ਇਕ ਲੱਭਦਾ ਹੈ।
26529	609	ਨਾਨਕ ਰਤਾ ਸਚਿ ਨਾਮਿ ਭਾਈ ਸੁਣਿ ਮਨੁ ਤਨੁ ਨਿਰਮਲੁ ਹੋਇ॥੪॥੨॥		Naanak Rathaa Sach Naam Bhaaee Sun Man Than Niramal Hoe ||4||2||	Nanak is imbued with the True Name, O Siblings of Destiny; hearing it, the mind and body become immaculately pure. ||4||2||	ਹੇ ਨਾਨਕ! ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਰੰਗਿਆ ਰਹਿੰਦਾ ਹੈ, (ਪ੍ਰਭੂ ਦੀ ਸਿਫ਼ਤ-ਸਾਲਾਹ) ਸੁਣ ਸੁਣ ਕੇ ਉਸ ਦਾ ਮਨ ਪਵਿਤ੍ਰ ਹੋ ਜਾਂਦਾ ਹੈ, ਉਸ ਦਾ ਸਰੀਰ ਪਵਿਤ੍ਰ ਹੋ ਜਾਂਦਾ ਹੈ ॥੪॥੨॥
26530	609	ਸੋਰਠਿ ਮਹਲਾ ੫ ਦੁਤੁਕੇ॥	ਦੁ-ਤੁਕ:ਪੋਲਾ ਬੋਲੋ	Sorath Mehalaa 5 Dhuthukae ||	Sorat'h, Fifth Mehl, Du-Tukas:	
26531	609	ਜਉ ਲਉ ਭਾਉ ਅਭਾਉ ਇਹੁ ਮਾਨੈ ਤਉ ਲਉ ਮਿਲਣੁ ਦੂਰਾਈ॥	(ਭਾਉ) ਮੋਹ। (ਅਭਾਉ) ਵੈਰ	Jo Lo Bhaao Abhaao Eihu Maanai Tho Lo Milan Dhooraaee ||	As long as this person believes in love and hate, it is difficult for him to meet the Lord.	ਹੇ ਭਾਈ! ਜਦੋਂ ਤਕ (ਮਨੁੱਖ ਦਾ) ਇਹ ਮਨ (ਕਿਸੇ ਨਾਲ) ਮੋਹ (ਤੇ ਕਿਸੇ ਨਾਲ) ਵੈਰ ਮੰਨਦਾ ਹੈ, ਤਦੋਂ ਤਕ (ਇਸ ਦਾ ਪਰਮਾਤਮਾ ਨਾਲ) ਮਿਲਾਪ ਦੂਰ ਦੀ ਗੱਲ ਹੁੰਦੀ ਹੈ,

26532	609	ਆਨ ਆਪਨਾ ਕਰਤ ਬੀਚਾਰਾ ਤਉ ਲਉ ਬੀਚੁ ਬਿਖਾਈ॥੧॥	(ਆਨ) ਬਿਗਾਨਾ	Aan Aapanaa Karath Beechaaraa Tho Lo Beech Bikhaaee ||1||	As long as he discriminates between himself and others, he will distance himself from the Lord. ||1||	(ਕਿਉਂਕਿ ਜਦੋਂ ਤਕ ਇਹ ਕਿਸੇ ਨੂੰ) ਆਪਣਾ (ਤੇ ਕਿਸੇ ਨੂੰ) ਬਿਗਾਨਾ (ਮੰਨਣ ਦੀਆਂ) ਵਿਚਾਰਾਂ ਕਰਦਾ ਹੈ, ਤਦੋਂ ਤਕ (ਇਸ ਦੇ ਅੰਦਰ) ਮਾਇਆ (ਦੇ ਮੋਹ ਦਾ) ਪਰਦਾ ਬਣਿਆ ਰਹਿੰਦਾ ਹੈ (ਜੋ ਇਸ ਨੂੰ ਪਰਮਾਤਮਾ ਨਾਲੋਂ ਵਿਛੋੜੀ ਰੱਖਦਾ ਹੈ) ॥੧॥
26533	609	ਮਾਧਵੇ ਐਸੀ ਦੇਹੁ ਬੁਝਾਈ॥	ਬੁੱਝਾਈ	Maadhhavae Aisee Dhaehu Bujhaaee ||	O Lord, grant me such understanding,	ਹੇ ਪ੍ਰਭੂ! ਮੈਨੂੰ ਇਹੋ ਜਿਹੀ ਅਕਲ ਬਖ਼ਸ਼,
26534	609	ਸੇਵਉ ਸਾਧ ਗਹਉ ਓਟ ਚਰਨਾ ਨਹ ਬਿਸਰੈ ਮੁਹਤੁ ਚਸਾਈ॥ਰਹਾਉ॥		Saevo Saadhh Geho Outt Charanaa Neh Bisarai Muhath Chasaaee || Rehaao ||	That I might serve the Holy Saints, and seek the protection of their feet, and not forget them, for a moment, even an instant. ||Pause||	(ਕਿ) ਮੈਂ ਗੁਰੂ ਦੀ (ਦੱਸੀ) ਸੇਵਾ ਕਰਦਾ ਰਹਾਂ, ਗੁਰੂ ਦੇ ਚਰਨਾਂ ਦਾ ਆਸਰਾ ਫੜੀ ਰੱਖਾਂ। (ਇਹ ਆਸਰਾ) ਮੈਨੂੰ ਰਤਾ-ਭਰ ਸਮੇ ਲਈ ਭੀ ਨਾਹ ਭੁੱਲੇ ਰਹਾਉ॥
26535	609	ਰੇ ਮਨ ਮੁਗਧ ਅਚੇਤ ਚੰਚਲ ਚਿਤ ਤੁਮ ਐਸੀ ਰਿਦੈ ਨ ਆਈ॥		Rae Man Mugadhh Achaeth Chanchal Chith Thum Aisee Ridhai N Aaee ||	O foolish, thoughtless and fickle mind, such understanding did not come into your heart.	ਹੇ ਮੂਰਖ ਗ਼ਾਫ਼ਿਲ ਮਨ! ਹੇ ਚੰਚਲ ਮਨ! ਤੈਨੂੰ ਕਦੇ ਇਹ ਨਹੀਂ ਸੁੱਝੀ,

26536	609	ਪ੍ਰਾਨਪਤਿ ਤਿਆਗਿ ਆਨ ਤੂ ਰਚਿਆ ਉਰਝਿਓ ਸੰਗਿ ਬੈਰਾਈ॥੨॥		Praanapath Thiaag Aan Thoo Rachiaa Ourajhiou Sang Bairaaee ||2||	Renouncing the Lord of Life, you have become engrossed in other things, and you are involved with your enemies. ||2||	ਕਿ ਤੂੰ ਜਿੰਦ ਦੇ ਮਾਲਕ ਪ੍ਰਭੂ ਨੂੰ ਭੁਲਾ ਕੇ ਹੋਰਨਾਂ (ਦੇ ਮੋਹ) ਵਿਚ ਮਸਤ ਰਹਿੰਦਾ ਹੈਂ, (ਤੇ ਕਾਮਾਦਿਕ) ਵੈਰੀਆਂ ਨਾਲ ਜੋੜ ਜੋੜੀ ਰੱਖਦਾ ਹੈਂ ॥੨॥
26537	609	ਸੋਗੁ ਨ ਬਿਆਪੈ ਆਪੁ ਨ ਥਾਪੈ ਸਾਧਸੰਗਤਿ ਬੁਧਿ ਪਾਈ॥		Sog N Biaapai Aap N Thhaapai Saadhhasangath Budhh Paaee ||	Sorrow does not afflict one who does not harbor self-conceit; in the Saadh Sangat, the Company of the Holy, I have attained this understanding.	ਹੇ ਭਾਈ! ਸਾਧ ਸੰਗਤਿ ਵਿਚੋਂ ਮੈਂ ਤਾਂ ਇਹ ਅਕਲ ਸਿੱਖੀ ਹੈ ਕਿ ਜੇਹੜਾ ਮਨੁੱਖ ਅਪਣੱਤ ਨਾਲ ਨਹੀਂ ਚੰਬੜਿਆ ਰਹਿੰਦਾ, ਉਸ ਉਤੇ ਚਿੰਤਾ-ਫ਼ਿਕਰ ਜ਼ੋਰ ਨਹੀਂ ਪਾ ਸਕਦਾ।
26538	609	ਸਾਕਤ ਕਾ ਬਕਨਾ ਇਉ ਜਾਨਉ ਜੈਸੇ ਪਵਨੁ ਝੁਲਾਈ॥੩॥		Saakath Kaa Bakanaa Eio Jaano Jaisae Pavan Jhulaaee ||3||	Know that the babbling of the faithless cynic is like wind passing by. ||3||	(ਤਾਂਹੀਏਂ) ਮੈਂ ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਦੀ ਗੱਲ ਨੂੰ ਇਉਂ ਸਮਝ ਛਡਦਾ ਹਾਂ ਜਿਵੇਂ ਇਹ ਹਵਾ ਦਾ ਝੋਕਾ ਹੈ (ਇਕ ਪਾਸਿਓਂ ਆਇਆ, ਦੂਜੇ ਪਾਸੇ ਲੰਘ ਗਿਆ) ॥੩॥
26539	609	ਕੋਟਿ ਪਰਾਧ ਅਛਾਦਿਓ ਇਹੁ ਮਨੁ ਕਹਣਾ ਕਛੂ ਨ ਜਾਈ॥	(ਅਛਾਦਿਓ) ਢਕੇ	Kott Paraadhh Ashhaadhiou Eihu Man Kehanaa Kashhoo N Jaaee ||	This mind is inundated by millions of sins - what can I say?	ਹੇ ਭਾਈ! (ਮਨੁੱਖ ਦਾ) ਇਹ ਮਨ ਕ੍ਰੋੜਾਂ ਪਾਪਾਂ ਹੇਠ ਦਬਿਆ ਰਹਿੰਦਾ ਹੈ (ਇਸ ਮਨ ਦੀ ਮੰਦ-ਭਾਗਤਾ ਬਾਬਤ) ਕੁਝ ਕਿਹਾ ਨਹੀਂ ਜਾ ਸਕਦਾ।

26540	609	ਜਨ ਨਾਨਕ ਦੀਨ ਸਰਨਿ ਆਇਓ ਪ੍ਰਭ ਸਭੁ ਲੇਖਾ ਰਖਹੁ ਉਠਾਈ॥੪॥੩॥	(ਉਠਾਈ) ਉਠਾ ਕੇ, ਮੁਆਫ਼ ਕਰਕੇ	Jan Naanak Dheen Saran Aaeiou Prabh Sabh Laekhaa Rakhahu Outhaaee ||4||3||	Nanak, Your humble servant has come to Your Sanctuary, God; please, erase all his accounts. ||4||3||	ਹੇ ਦਾਸ ਨਾਨਕ! (ਪ੍ਰਭੂ-ਦਰ ਤੇ ਹੀ ਅਰਦਾਸਿ ਕਰ ਤੇ ਆਖ-) ਹੇ ਪ੍ਰਭੂ! ਮੈਂ ਨਿਮਾਣਾ ਤੇਰੀ ਸਰਨ ਆਇਆ ਹਾਂ (ਮੇਰੇ ਵਿਕਾਰਾਂ ਦਾ) ਸਾਰਾ ਲੇਖਾ ਮੁਕਾ ਦੇਹ ॥੪॥੩॥
26541	609	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26542	609	ਪੁਤ੍ਰ ਕਲਤ੍ਰ ਲੋਕ ਗ੍ਰਿਹ ਬਨਿਤਾ ਮਾਇਆ ਸਨਬੰਧੇਹੀ॥	(ਸਨਬੰਧੇਹੀ) ਸਬੰਧੀ। ਕ-ਲੱਤ੍ਰ	Puthr Kalathr Lok Grih Banithaa Maaeiaa Sanabandhhaehee ||	Children, spouses, men and women in one's household, are all bound by Maya.	ਹੇ ਭਾਈ! ਪੁਤ੍ਰ, ਇਸਤ੍ਰੀ, ਘਰ ਦੇ ਹੋਰ ਬੰਦੇ ਤੇ ਜ਼ਨਾਨੀਆਂ (ਸਾਰੇ) ਮਾਇਆ ਦੇ ਹੀ ਸਾਕ ਹਨ।
26543	609	ਅੰਤ ਕੀ ਬਾਰ ਕੋ ਖਰਾ ਨ ਹੋਸੀ ਸਭ ਮਿਥਿਆ ਅਸਨੇਹੀ॥੧॥	ਸਹਾਇਤਾ ਲਈਨਹੀਂ (ਖਰਾ) ਖੜ੍ਹਾ	Anth Kee Baar Ko Kharaa N Hosee Sabh Mithhiaa Asanaehee ||1||	At the very last moment, none of them shall stand by you; their love is totally false. ||1||	ਅਖ਼ੀਰ ਵੇਲੇ (ਇਹਨਾਂ ਵਿਚੋਂ) ਕੋਈ ਭੀ ਤੇਰਾ ਮਦਦਗਾਰ ਨਹੀਂ ਬਣੇਗਾ, ਸਾਰੇ ਝੂਠਾ ਹੀ ਪਿਆਰ ਕਰਨ ਵਾਲੇ ਹਨ ॥੧॥
26544	609	ਰੇ ਨਰ ਕਾਹੇ ਪਪੋਰਹੁ ਦੇਹੀ॥	(ਪਪੋਰਹੁ) ਪਾਲ਼ਦੇ ਪਲ਼ੋਸਦੇ	Rae Nar Kaahae Paporahu Dhaehee ||	O man, why do you pamper your body so?	ਹੇ ਮਨੁੱਖ! (ਨਿਰਾ ਇਸ) ਸਰੀਰ ਨੂੰ ਹੀ ਕਿਉਂ ਲਾਡਾਂ ਨਾਲ ਪਾਲਦਾ ਰਹਿੰਦਾ ਹੈਂ?

26545	609	ਊਡਿ ਜਾਇਗੋ ਧੂਮੁ ਬਾਦਰੋ ਇਕੁ ਭਾਜਹੁ ਰਾਮੁ ਸਨੇਹੀ॥ਰਹਾਉ॥	(ਧੂਮੁ) ਧੂਏਂ ਦੇ (ਬਾਦਰੋ) ਬੱਦਲ। ਭਾ-ਜਹੁ	Oodd Jaaeigo Dhhoom Baadharo Eik Bhaajahu Raam Sanaehee || Rehaao ||	It shall disperse like a cloud of smoke; vibrate upon the One, the Beloved Lord. ||Pause||	(ਜਿਵੇਂ) ਧੂਆਂ, (ਜਿਵੇਂ) ਬੱਦਲ (ਉੱਡ ਜਾਂਦਾ ਹੈ, ਤਿਵੇਂ ਇਹ ਸਰੀਰ) ਨਾਸ ਹੋ ਜਾਇਗਾ। ਸਿਰਫ਼ ਪਰਮਾਤਮਾ ਦਾ ਭਜਨ ਕਰਿਆ ਕਰ, ਉਹੀ ਅਸਲ ਪਿਆਰ ਕਰਨ ਵਾਲਾ ਹੈ ਰਹਾਉ॥
26546	609	ਤੀਨਿ ਸੰਞਿਆ ਕਰਿ ਦੇਹੀ ਕੀਨੀ ਜਲ ਕੂਕਰ ਭਸਮੇਹੀ॥	(ਸੰਞਿਆ)ਸੰਕੇਤ। (ਕਰਿ) ਕਰਕੇ। ਅਮਰ (ਕੀਨੀ) ਮੰਨੀ ਦੇਹੀ ਨਾਸ ਹੋਕੇ (ਜਲ) ਪਾਣੀ। (ਕੂਕਰ)ਕੁੱਤੇ। (ਭਸਮੇ ਹੀ)ਸੁਆਹ ਦੇ ਹਵਾਲੇ ਹੁੰਦੀ ਹੈ	Theen Sann(g)iaa Kar Dhaehee Keenee Jal Kookar Bhasamaehee ||	There are three ways in which the body can be consumed - it can be thrown into water, given to the dogs, or cremated to ashes.	ਹੇ ਭਾਈ! (ਪਰਮਾਤਮਾ ਨੇ) ਮਾਇਆ ਦੇ ਤਿੰਨ ਗੁਣਾਂ ਦੇ ਅਸਰ ਹੇਠ ਰਹਿਣ ਵਾਲਾ ਤੇਰਾ ਸਰੀਰ ਬਣਾ ਦਿੱਤਾ, (ਇਹ ਅੰਤ ਨੂੰ) ਪਾਣੀ ਦੇ, ਕੁੱਤਿਆਂ ਦੇ, ਜਾਂ, ਮਿੱਟੀ ਦੇ ਹਵਾਲੇ ਹੋ ਜਾਂਦਾ ਹੈ।
26547	609	ਹੋਇ ਆਮਰੋ ਗ੍ਰਿਹ ਮਹਿ ਬੈਠਾ ਕਰਣ ਕਾਰਣ ਬਿਸਰੋਹੀ॥੨॥		Hoe Aamaro Grih Mehi Baithaa Karan Kaaran Bisarohee ||2||	He considers himself to be immortal; he sits in his home, and forgets the Lord, the Cause of causes. ||2||	ਤੂੰ ਇਸ ਸਰੀਰ-ਘਰ ਵਿਚ (ਆਪਣੇ ਆਪ ਨੂੰ) ਅਮਰ ਸਮਝ ਕੇ ਬੈਠਾ ਰਹਿੰਦਾ ਹੈਂ, ਤੇ ਜਗਤ ਦੇ ਮੂਲ ਪਰਮਾਤਮਾ ਨੂੰ ਭੁਲਾ ਰਿਹਾ ਹੈਂ ॥੨॥
26548	609	ਅਨਿਕ ਭਾਤਿ ਕਰਿ ਮਣੀਏ ਸਾਜੇ ਕਾਚੈ ਤਾਗਿ ਪਰੋਹੀ॥	ਸਰੀਰ ਰੂਪੀ (ਮਣੀਏ) ਮਣਕੇ	Anik Bhaath Kar Maneeeae Saajae Kaachai Thaag Parohee ||	In various ways, the Lord has fashioned the beads, and strung them on a slender thread.	ਹੇ ਭਾਈ! ਅਨੇਕਾਂ ਤਰੀਕਿਆਂ ਨਾਲ (ਪਰਮਾਤਮਾ ਨੇ ਤੇਰੇ ਸਾਰੇ ਅੰਗ) ਮਣਕੇ ਬਣਾਏ ਹਨ; (ਪਰ ਸੁਆਸਾਂ ਦੇ) ਕੱਚੇ ਧਾਗੇ ਵਿਚ ਪਰੋਏ ਹੋਏ ਹਨ।

26549	609	ਤੂਟਿ ਜਾਇਗੋ ਸੂਤੁ ਬਾਪੁਰੇ ਫਿਰਿ ਪਾਛੈ ਪਛੁਤੋਹੀ॥੩॥		Thoott Jaaeigo Sooth Baapurae Fir Paashhai Pashhuthohee ||3||	The thread shall break, O wretched man, and then, you shall repent and regret. ||3||	ਹੇ ਨਿਮਾਣੇ ਜੀਵ! ਇਹ ਧਾਗਾ (ਆਖ਼ਰ) ਟੁੱਟ ਜਾਇਗਾ, (ਹੁਣ ਇਸ ਸਰੀਰ ਦੇ ਮੋਹ ਵਿਚ ਪ੍ਰਭੂ ਨੂੰ ਵਿਸਾਰੀ ਬੈਠਾ ਹੈਂ) ਫਿਰ ਸਮਾ ਵਿਹਾ ਜਾਣ ਤੇ ਹੱਥ ਮਲੇਂਗਾ ॥੩॥
26550	609	ਜਿਨਿ ਤੁਮ ਸਿਰਜੇ ਸਿਰਜਿ ਸਵਾਰੇ ਤਿਸੁ ਧਿਆਵਹੁ ਦਿਨੁ ਰੈਨੇਹੀ॥		Jin Thum Sirajae Siraj Savaarae This Dhhiaavahu Dhin Rainaehee ||	He created you, and after creating you, He adorned you - meditate on Him day and night.	ਹੇ ਭਾਈ! ਜਿਸ ਪਰਮਾਤਮਾ ਨੇ ਤੈਨੂੰ ਪੈਦਾ ਕੀਤਾ ਹੈ, ਪੈਦਾ ਕਰ ਕੇ ਤੈਨੂੰ ਸੋਹਣਾ ਬਣਾਇਆ ਹੈ ਉਸ ਨੂੰ ਦਿਨ ਰਾਤ (ਹਰ ਵੇਲੇ) ਸਿਮਰਦਾ ਰਿਹਾ ਕਰ।
26551	609	ਜਨ ਨਾਨਕ ਪ੍ਰਭ ਕਿਰਪਾ ਧਾਰੀ ਮੈ ਸਤਿਗੁਰ ਓਟ ਗਹੇਹੀ॥੪॥੪॥		Jan Naanak Prabh Kirapaa Dhhaaree Mai Sathigur Outt Gehaehee ||4||4||	God has showered His Mercy upon servant Nanak; I hold tight to the Support of the True Guru. ||4||4||	ਹੇ ਦਾਸ ਨਾਨਕ! (ਅਰਦਾਸ ਕਰ ਤੇ ਆਖ-) ਹੇ ਪ੍ਰਭੂ! (ਮੇਰੇ ਉਤੇ) ਮੇਹਰ ਕਰ, ਮੈਂ ਗੁਰੂ ਦਾ ਆਸਰਾ ਫੜੀ ਰੱਖਾਂ ॥੪॥੪॥
26552	609	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26553	609	ਗੁਰੁ ਪੂਰਾ ਭੇਟਿਓ ਵਡਭਾਗੀ ਮਨਹਿ ਭਇਆ ਪਰਗਾਸਾ॥		Gur Pooraa Bhaettiou Vaddabhaagee Manehi Bhaeiaa Paragaasaa ||	I met the True Guru, by great good fortune, and my mind has been enlightened.	ਹੇ ਭਾਈ! ਵੱਡੀ ਕਿਸਮਤਿ ਨਾਲ ਮੈਨੂੰ ਪੂਰਾ ਗੁਰੂ ਮਿਲ ਪਿਆ ਹੈ, ਮੇਰੇ ਮਨ ਵਿਚ ਆਤਮਕ ਜੀਵਨ ਦੀ ਸੂਝ ਪੈਦਾ ਹੋ ਗਈ ਹੈ।

26554	609	ਕੋਇ ਨ ਪਹੁਚਨਹਾਰਾ ਦੂਜਾ ਅਪੁਨੇ ਸਾਹਿਬ ਕਾ ਭਰਵਾਸਾ॥੧॥		Koe N Pahuchanehaaraa Dhoojaa Apunae Saahib Kaa Bharavaasaa ||1||	No one else can equal me, because I have the loving support of my Lord and Master. ||1||	ਹੁਣ ਮੈਨੂੰ ਆਪਣੇ ਮਾਲਕ ਦਾ ਸਹਾਰਾ ਹੋ ਗਿਆ ਹੈ, ਕੋਈ ਉਸ ਮਾਲਕ ਦੀ ਬਰਾਬਰੀ ਨਹੀਂ ਕਰ ਸਕਦਾ ॥੧॥
26555	609	ਅਪੁਨੇ ਸਤਿਗੁਰ ਕੈ ਬਲਿਹਾਰੈ॥		Apunae Sathigur Kai Balihaarai ||	I am a sacrifice to my True Guru.	ਹੇ ਭਾਈ! ਮੈਂ ਆਪਣੇ ਗੁਰੂ ਤੋਂ ਕੁਰਬਾਨ ਜਾਂਦਾ ਹਾਂ,
26556	609	ਆਗੈ ਸੁਖੁ ਪਾਛੈ ਸੁਖ ਸਹਜਾ ਘਰਿ ਆਨੰਦੁ ਹਮਾਰੈ॥ਰਹਾਉ॥		Aagai Sukh Paashhai Sukh Sehajaa Ghar Aanandh Hamaarai || Rehaao ||	I am at peace in this world, and I shall be in celestial peace in the next; my home is filled with bliss. ||Pause||	(ਗੁਰੂ ਦੀ ਕਿਰਪਾ ਨਾਲ) ਮੇਰੇ ਹਿਰਦੇ-ਘਰ ਵਿਚ ਆਨੰਦ ਬਣਿਆ ਰਹਿੰਦਾ ਹੈ, ਇਸ ਲੋਕ ਵਿਚ ਭੀ ਆਤਮਕ ਅਡੋਲਤਾ ਦਾ ਸੁਖ ਮੈਨੂੰ ਪ੍ਰਾਪਤ ਹੋ ਗਿਆ ਹੈ, ਤੇ, ਪਰਲੋਕ ਵਿਚ ਭੀ ਇਹ ਸੁਖ ਟਿਕਿਆ ਰਹਿਣ ਵਾਲਾ ਹੈ ਰਹਾਉ॥
26557	609	ਅੰਤਰਜਾਮੀ ਕਰਣੈਹਾਰਾ ਸੋਈ ਖਸਮੁ ਹਮਾਰਾ॥		Antharajaamee Karanaihaaraa Soee Khasam Hamaaraa ||	He is the Inner-knower, the Searcher of hearts, the Creator, my Lord and Master.	ਹੇ ਭਾਈ! (ਮੈਨੂੰ ਨਿਸ਼ਚਾ ਹੋ ਗਿਆ ਹੈ ਕਿ ਜੇਹੜਾ) ਸਿਰਜਣਹਾਰ ਸਭ ਦੇ ਦਿਲ ਦੀ ਜਾਣਨ ਵਾਲਾ ਹੈ ਉਹੀ ਮੇਰੇ ਸਿਰ ਉਤੇ ਰਾਖਾ ਹੈ।

26558	609	ਨਿਰਭਉ ਭਏ ਗੁਰ ਚਰਣੀ ਲਾਗੇ ਇਕ ਰਾਮ ਨਾਮ ਆਧਾਰਾ॥੨॥		Nirabho Bheae Gur Charanee Laagae Eik Raam Naam Aadhhaaraa ||2||	I have become fearless, attached to the Guru's feet; I take the Support of the Name of the One Lord. ||2||	ਜਦੋਂ ਦਾ ਮੈਂ ਗੁਰੂ ਦੀ ਚਰਨੀਂ ਲੱਗਾ ਹਾਂ, ਮੈਨੂੰ ਪਰਮਾਤਮਾ ਦੇ ਨਾਮ ਦਾ ਆਸਰਾ ਹੋ ਗਿਆ ਹੈ। ਕੋਈ ਡਰ ਮੈਨੂੰ ਹੁਣ ਪੋਹ ਨਹੀਂ ਸਕਦਾ ॥੨॥
26559	609	ਸਫਲ ਦਰਸਨੁ ਅਕਾਲ ਮੂਰਤਿ ਪ੍ਰਭੁ ਹੈ ਭੀ ਹੋਵਨਹਾਰਾ॥		Safal Dharasan Akaal Moorath Prabh Hai Bhee Hovanehaaraa ||	Fruitful is the Blessed Vision of His Darshan; the Form of God is deathless; He is and shall always be.	(ਹੇ ਭਾਈ! ਗੁਰੂ ਦੀ ਕਿਰਪਾ ਨਾਲ ਮੈਨੂੰ ਯਕੀਨ ਬਣ ਗਿਆ ਹੈ ਕਿ) ਜਿਸ ਪਰਮਾਤਮਾ ਦਾ ਦਰਸ਼ਨ ਮਨੁੱਖਾ ਜਨਮ ਦਾ ਫਲ ਦੇਣ ਵਾਲਾ ਹੈ, ਜਿਸ ਪਰਮਾਤਮਾ ਦੀ ਹਸਤੀ ਮੌਤ ਤੋਂ ਰਹਿਤ ਹੈ, ਉਹ ਇਸ ਵੇਲੇ ਭੀ (ਮੇਰੇ ਸਿਰ ਉਤੇ) ਮੌਜੂਦ ਹੈ, ਤੇ, ਸਦਾ ਕਾਇਮ ਰਹਿਣ ਵਾਲਾ ਹੈ।
26560	609	ਕੰਠਿ ਲਗਾਇ ਅਪੁਨੇ ਜਨ ਰਾਖੇ ਅਪੁਨੀ ਪ੍ਰੀਤਿ ਪਿਆਰਾ॥੩॥		Kanth Lagaae Apunae Jan Raakhae Apunee Preeth Piaaraa ||3||	He hugs His humble servants close, and protects and preserves them; their love for Him is sweet to Him. ||3||	ਉਹ ਪ੍ਰਭੂ ਆਪਣੀ ਪ੍ਰੀਤਿ ਦੀ ਆਪਣੇ ਪਿਆਰ ਦੀ ਦਾਤਿ ਦੇ ਕੇ ਆਪਣੇ ਸੇਵਕਾਂ ਨੂੰ ਆਪਣੇ ਗਲ ਨਾਲ ਲਾ ਕੇ ਰੱਖਦਾ ਹੈ ॥੩॥
26561	609	ਵਡੀ ਵਡਿਆਈ ਅਚਰਜ ਸੋਭਾ ਕਾਰਜੁ ਆਇਆ ਰਾਸੇ॥	ਅ-ਚਰਜ	Vaddee Vaddiaaee Acharaj Sobhaa Kaaraj Aaeiaa Raasae ||	Great is His glorious greatness, and wondrous is His magnificence; through Him, all affairs are resolved.	ਉਹ ਗੁਰੂ ਬੜੀ ਵਡਿਆਈ ਵਾਲਾ ਹੈ, ਅਚਰਜ ਸੋਭਾ ਵਾਲਾ ਹੈ, ਉਸ ਦੀ ਸਰਨ ਪਿਆਂ ਜ਼ਿੰਦਗੀ ਦਾ ਮਨੋਰਥ ਪ੍ਰਾਪਤ ਹੋ ਜਾਂਦਾ ਹੈ।

26562	610	ਨਾਨਕ ਕਉ ਗੁਰੁ ਪੂਰਾ ਭੇਟਿਓ ਸਗਲੇ ਦੂਖ ਬਿਨਾਸੇ॥੪॥੫॥		Naanak Ko Gur Pooraa Bhaettiou Sagalae Dhookh Binaasae ||4||5||	Nanak has met with the Perfect Guru; all his sorrows have been dispelled. ||4||5||	ਹੇ ਭਾਈ! ਮੈਨੂੰ ਨਾਨਕ ਨੂੰ ਪੂਰਾ ਗੁਰੂ ਮਿਲ ਪਿਆ ਹੈ, ਮੇਰੇ ਸਾਰੇ ਦੁੱਖ ਦੂਰ ਹੋ ਗਏ ਹਨ ॥੪॥੫॥
26563	610	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26564	610	ਸੁਖੀਏ ਕਉ ਪੇਖੈ ਸਭ ਸੁਖੀਆ ਰੋਗੀ ਕੈ ਭਾਣੈ ਸਭ ਰੋਗੀ॥		Sukheeeae Ko Paekhai Sabh Sukheeaa Rogee Kai Bhaanai Sabh Rogee ||	To the happy person, everyone seems happy; to the sick person, everyone seems sick.	ਹੇ ਭਾਈ! ਆਤਮਕ ਸੁਖ ਮਾਣਨ ਵਾਲੇ ਨੂੰ ਹਰੇਕ ਮਨੁੱਖ ਆਤਮਕ ਸੁਖ ਮਾਣਦਾ ਦਿਸਦਾ ਹੈ, (ਵਿਕਾਰਾਂ ਦੇ) ਰੋਗ ਵਿਚ ਫਸੇ ਹੋਏ ਦੇ ਖ਼ਿਆਲ ਵਿਚ ਸਾਰੀ ਲੁਕਾਈ ਹੀ ਵਿਕਾਰੀ ਹੈ।
26565	610	ਕਰਣ ਕਰਾਵਨਹਾਰ ਸੁਆਮੀ ਆਪਨ ਹਾਥਿ ਸੰਜੋਗੀ॥੧॥		Karan Karaavanehaar Suaamee Aapan Haathh Sanjogee ||1||	The Lord and Master acts, and causes us to act; union is in His Hands. ||1||	(ਆਪਣੇ ਅੰਦਰੋਂ ਮੇਰ-ਤੇਰ ਗਵਾ ਚੁਕੇ ਮਨੁੱਖ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ) ਮਾਲਕ-ਪ੍ਰਭੂ ਹੀ ਸਭ ਕੁਝ ਕਰਨ ਦੀ ਸਮਰਥਾ ਵਾਲਾ ਹੈ ਜੀਵਾਂ ਪਾਸੋਂ ਕਰਾਣ ਦੀ ਤਾਕਤ ਵਾਲਾ ਹੈ, (ਜੀਵਾਂ ਲਈ ਆਤਮਕ ਸੁਖ ਤੇ ਆਤਮਕ ਦੁੱਖ ਦਾ) ਮੇਲ ਉਸ ਨੇ ਆਪਣੇ ਹੱਥ ਵਿਚ ਰੱਖਿਆ ਹੋਇਆ ਹੈ ॥੧॥

26566	610	ਮਨ ਮੇਰੇ ਜਿਨਿ ਅਪੁਨਾ ਭਰਮੁ ਗਵਾਤਾ॥		Man Maerae Jin Apunaa Bharam Gavaathaa ||	O my mind, no one appears to be mistaken, to one who has dispelled his own doubts;	ਹੇ ਮੇਰੇ ਮਨ! ਜਿਸ ਮਨੁੱਖ ਨੇ ਆਪਣੇ ਅੰਦਰੋਂ ਮੇਰ-ਤੇਰ ਗਵਾ ਲਈ,
26567	610	ਤਿਸ ਕੈ ਭਾਣੈ ਕੋਇ ਨ ਭੂਲਾ ਜਿਨਿ ਸਗਲੋ ਬ੍ਰਹਮੁ ਪਛਾਤਾ॥ਰਹਾਉ॥		This Kai Bhaanai Koe N Bhoolaa Jin Sagalo Breham Pashhaathaa || Rehaao ||	He realizes that everyone is God. ||Pause||	ਜਿਸ ਨੇ ਸਭ ਜੀਵਾਂ ਵਿਚ ਪਰਮਾਤਮਾ ਵੱਸਦਾ ਪਛਾਣ ਲਿਆ, ਉਸ ਦੇ ਖ਼ਿਆਲ ਵਿਚ ਕੋਈ ਜੀਵ ਕੁਰਾਹੇ ਨਹੀਂ ਜਾ ਰਿਹਾ ਰਹਾਉ॥
26568	610	ਸੰਤਸੰਗਿ ਜਾ ਕਾ ਮਨੁ ਸੀਤਲੁ ਓਹੁ ਜਾਣੈ ਸਗਲੀ ਠਾਂਢੀ॥		Santh Sang Jaa Kaa Man Seethal Ouhu Jaanai Sagalee Thaandtee ||	One whose mind is comforted in the Society of the Saints, believes that all are joyful.	ਹੇ ਭਾਈ! ਸਾਧ ਸੰਗਤਿ ਵਿਚ ਰਹਿ ਕੇ ਜਿਸ ਮਨੁੱਖ ਦਾ ਮਨ (ਵਿਕਾਰਾਂ ਵਲੋਂ) ਸ਼ਾਂਤ ਹੋ ਜਾਂਦਾ ਹੈ, ਉਹ ਸਾਰੀ ਲੁਕਾਈ ਨੂੰ ਹੀ ਸ਼ਾਂਤ-ਚਿੱਤ ਸਮਝਦਾ ਹੈ।
26569	610	ਹਉਮੈ ਰੋਗਿ ਜਾ ਕਾ ਮਨੁ ਬਿਆਪਿਤ ਓਹੁ ਜਨਮ ਮਰੈ ਬਿਲਲਾਤੀ॥੨॥		Houmai Rog Jaa Kaa Man Biaapith Ouhu Janam Marai Bilalaathee ||2||	One whose mind is afflicted by the disease of egotism, cries out in birth and death. ||2||	ਪਰ ਜਿਸ ਮਨੁੱਖ ਦਾ ਮਨ ਹਉਮੈ-ਰੋਗ ਵਿਚ ਫਸਿਆ ਰਹਿੰਦਾ ਹੈ, ਉਹ ਸਦਾ ਦੁੱਖੀ ਰਹਿੰਦਾ ਹੈ, ਉਹ (ਹਉਮੈ ਵਿਚ) ਜਨਮ ਲੈ ਕੇ ਆਤਮਕ ਮੌਤ ਸਹੇੜੀ ਰੱਖਦਾ ਹੈ ॥੨॥

26570	610	ਗਿਆਨ ਅੰਜਨੁ ਜਾ ਕੀ ਨੇਤ੍ਰੀ ਪੜਿਆ ਤਾ ਕਉ ਸਰਬ ਪ੍ਰਗਾਸਾ॥	ਪੜਿਆ:ੜ ਹਲੰਤ ਨ ਲਾਉ	Giaan Anjan Jaa Kee Naethree Parriaa Thaa Ko Sarab Pragaasaa ||	Everything is clear to one whose eyes are blessed with the ointment of spiritual wisdom.	ਹੇ ਭਾਈ! ਆਤਮਕ ਜੀਵਨ ਦੀ ਸੂਝ ਦਾ ਸੁਰਮਾ ਜਿਸ ਮਨੁੱਖ ਦੀਆਂ ਅੱਖਾਂ ਵਿਚ ਪੈ ਜਾਂਦਾ ਹੈ, ਉਸ ਨੂੰ ਆਤਮਕ ਜੀਵਨ ਦੀ ਸਾਰੀ ਸਮਝ ਪੈ ਜਾਂਦੀ ਹੈ।
26571	610	ਅਗਿਆਨਿ ਅੰਧੇਰੈ ਸੂਝਸਿ ਨਾਹੀ ਬਹੁੜਿ ਬਹੁੜਿ ਭਰਮਾਤਾ॥੩॥		Agiaan Andhhaerai Soojhas Naahee Bahurr Bahurr Bharamaathaa ||3||	In the darkness of spiritual ignorance, he sees nothing at all; he wanders around in reincarnation, over and over again. ||3||	ਪਰ ਗਿਆਨ-ਹੀਨ ਮਨੁੱਖ ਨੂੰ ਅਗਿਆਨਤਾ ਦੇ ਹਨੇਰੇ ਵਿਚ (ਸਹੀ ਜੀਵਨ ਬਾਰੇ) ਕੁਝ ਨਹੀਂ ਸੁੱਝਦਾ, ਉਹ ਮੁੜ ਮੁੜ ਭਟਕਦਾ ਰਹਿੰਦਾ ਹੈ ॥੩॥
26572	610	ਸੁਣਿ ਬੇਨੰਤੀ ਸੁਆਮੀ ਅਪੁਨੇ ਨਾਨਕੁ ਇਹੁ ਸੁਖੁ ਮਾਗੈ॥		Sun Baenanthee Suaamee Apunae Naanak Eihu Sukh Maagai ||	Hear my prayer, O Lord and Master; Nanak begs for this happiness:	ਹੇ ਮੇਰੇ ਮਾਲਕ! (ਮੇਰੀ) ਬੇਨਤੀ ਸੁਣ (ਤੇਰਾ ਦਾਸ) ਨਾਨਕ (ਤੇਰੇ ਦਰ ਤੋਂ) ਇਹ ਸੁਖ ਮੰਗਦਾ ਹੈ,
26573	610	ਜਹ ਕੀਰਤਨੁ ਤੇਰਾ ਸਾਧੂ ਗਾਵਹਿ ਤਹ ਮੇਰਾ ਮਨੁ ਲਾਗੈ॥੪॥੬॥		Jeh Keerathan Thaeraa Saadhhoo Gaavehi Theh Maeraa Man Laagai ||4||6||	Whereever Your Holy Saints sing the Kirtan of Your Praises, let my mind be attached to that place. ||4||6||	(ਕਿ) ਜਿੱਥੇ ਸੰਤ ਜਨ ਤੇਰੀ ਸਿਫ਼ਤ-ਸਾਲਾਹ ਦਾ ਗੀਤ ਗਾਂਦੇ ਹੋਣ, ਉੱਥੇ ਮੇਰਾ ਮਨ ਪਰਚਿਆ ਰਹੇ ॥੪॥੬॥
26574	610	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

26575	610	ਤਨੁ ਸੰਤਨ ਕਾ ਧਨੁ ਸੰਤਨ ਕਾ ਮਨੁ ਸੰਤਨ ਕਾ ਕੀਆ॥		Than Santhan Kaa Dhhan Santhan Kaa Man Santhan Kaa Keeaa ||	My body belongs to the Saints, my wealth belongs to the Saints, and my mind belongs to the Saints.	ਹੇ ਭਾਈ! ਜਦੋਂ ਕੋਈ ਮਨੁੱਖ ਆਪਣਾ ਸਰੀਰ ਆਪਣਾ ਮਨ ਆਪਣਾ ਧਨ ਸੰਤ ਜਨਾਂ ਦੇ ਹਵਾਲੇ ਕਰ ਦੇਂਦਾ ਹੈ (ਭਾਵ, ਹਰੇਕ ਕਿਸਮ ਦੀ ਅਪਣੱਤ ਮਿਟਾ ਦੇਂਦਾ ਹੈ),
26576	610	ਸੰਤ ਪ੍ਰਸਾਦਿ ਹਰਿ ਨਾਮੁ ਧਿਆਇਆ ਸਰਬ ਕੁਸਲ ਤਬ ਥੀਆ॥੧॥	(ਕੁਸਲ) ਸੁਖ	Santh Prasaadh Har Naam Dhhiaaeiaa Sarab Kusal Thab Thheeaa ||1||	By the Grace of the Saints, I meditate on the Lord's Name, and then, all comforts come to me. ||1||	ਤੇ ਸੰਤਾਂ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ ਸਿਮਰਨ ਕਰਨ ਲੱਗ ਪੈਂਦਾ ਹੈ, ਤਦੋਂ ਉਸ ਨੂੰ ਸਾਰੇ (ਆਤਮਕ) ਸੁਖ ਮਿਲ ਜਾਂਦੇ ਹਨ ॥੧॥
26577	610	ਸੰਤਨ ਬਿਨੁ ਅਵਰੁ ਨ ਦਾਤਾ ਬੀਆ॥	(ਬੀਆ) ਦੂਜਾ	Santhan Bin Avar N Dhaathaa Beeaa ||	Without the Saints, there are no other givers.	ਹੇ ਭਾਈ! ਸੰਤ ਜਨਾਂ ਤੋਂ ਬਿਨਾ ਪਰਮਾਤਮਾ ਦੇ ਨਾਮ ਦੀ ਦਾਤਿ ਦੇਣ ਵਾਲਾ ਹੋਰ ਕੋਈ ਨਹੀਂ ਹੈ।
26578	610	ਜੋ ਜੋ ਸਰਣਿ ਪਰੈ ਸਾਧੂ ਕੀ ਸੋ ਪਾਰਗਰਾਮੀ ਕੀਆ॥ਰਹਾਉ॥		Jo Jo Saran Parai Saadhhoo Kee So Paaragaraamee Keeaa || Rehaao ||	Whoever takes to the Sanctuary of the Holy Saints, is carried across. ||Pause||	ਜੇਹੜਾ ਜੇਹੜਾ ਮਨੁੱਖ ਗੁਰੂ ਦੀ (ਸੰਤ ਜਨਾਂ ਦੀ) ਸਰਨ ਪੈਂਦਾ ਹੈ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਜੋਗਾ ਹੋ ਜਾਂਦਾ ਹੈ ਰਹਾਉ॥
26579	610	ਕੋਟਿ ਪਰਾਧ ਮਿਟਹਿ ਜਨ ਸੇਵਾ ਹਰਿ ਕੀਰਤਨੁ ਰਸਿ ਗਾਈਐ॥		Kott Paraadhh Mittehi Jan Saevaa Har Keerathan Ras Gaaeeai ||	Millions of sins are erased by serving the humble Saints, and singing the Glorious Praises of the Lord with love.	ਹੇ ਭਾਈ! ਪਰਮਾਤਮਾ ਦੇ ਸੇਵਕ ਦੀ (ਦੱਸੀ) ਸੇਵਾ ਕੀਤਿਆਂ ਕ੍ਰੋੜਾਂ ਪਾਪ ਮਿਟ ਜਾਂਦੇ ਹਨ, ਅਤੇ ਪ੍ਰੇਮ ਨਾਲ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ ਜਾ ਸਕਦੀ ਹੈ।

26580	610	ਈਹਾ ਸੁਖੁ ਆਗੈ ਮੁਖ ਊਜਲ ਜਨ ਕਾ ਸੰਗੁ ਵਡਭਾਗੀ ਪਾਈਐ॥੨॥		Eehaa Sukh Aagai Mukh Oojal Jan Kaa Sang Vaddabhaagee Paaeeai ||2||	One finds peace in this world, and one's face is radiant in the next world, by associating with the humble Saints, through great good fortune. ||2||	ਇਸ ਲੋਕ ਵਿਚ ਆਤਮਕ ਅਨੰਦ ਮਿਲਿਆ ਰਹਿੰਦਾ ਹੈ, ਪਰਲੋਕ ਵਿਚ ਸੁਰਖ਼-ਰੂ ਹੋਵੀਦਾ ਹੈ। ਪਰ, ਹੇ ਭਾਈ! ਪ੍ਰਭੂ ਦੇ ਸੇਵਕ ਦੀ ਸੰਗਤਿ ਵੱਡੇ ਭਾਗਾਂ ਨਾਲ ਮਿਲਦੀ ਹੈ ॥੨॥
26581	610	ਰਸਨਾ ਏਕ ਅਨੇਕ ਗੁਣ ਪੂਰਨ ਜਨ ਕੀ ਕੇਤਕ ਉਪਮਾ ਕਹੀਐ॥		Rasanaa Eaek Anaek Gun Pooran Jan Kee Kaethak Oupamaa Keheeai ||	I have only one tongue, and the Lord's humble servant is filled with countless virtues; how can I sing his praises?	ਹੇ ਭਾਈ! (ਮੇਰੀ) ਇੱਕ ਜੀਭ ਹੈ (ਸੰਤ ਜਨ) ਅਨੇਕਾਂ ਗੁਣਾਂ ਨਾਲ ਭਰਪੂਰ ਹੁੰਦੇ ਹਨ, ਸੰਤ ਜਨਾਂ ਦੀ ਵਡਿਆਈ ਕਿਤਨੀ ਕੁ ਦੱਸੀ ਜਾਵੇ?
26582	610	ਅਗਮ ਅਗੋਚਰ ਸਦ ਅਬਿਨਾਸੀ ਸਰਣਿ ਸੰਤਨ ਕੀ ਲਹੀਐ॥੩॥		Agam Agochar Sadh Abinaasee Saran Santhan Kee Leheeai ||3||	The inaccessible, unapproachable and eternally unchanging Lord is obtained in the Sanctuary of the Saints. ||3||	ਸੰਤਾਂ ਦੀ ਸਰਨ ਪਿਆਂ ਹੀ ਉਹ ਪਰਮਾਤਮਾ ਮਿਲ ਸਕਦਾ ਹੈ ਜੋ ਕਦੇ ਨਾਸ ਹੋਣ ਵਾਲਾ ਨਹੀਂ, ਜੋ ਅਪਹੁੰਚ ਹੈ, ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ ॥੩॥
26583	610	ਨਿਰਗੁਨ ਨੀਚ ਅਨਾਥ ਅਪਰਾਧੀ ਓਟ ਸੰਤਨ ਕੀ ਆਹੀ॥		Niragun Neech Anaathh Aparaadhhee Outt Santhan Kee Aahee ||	I am worthless, lowly, without friends or support, and full of sins; I long for the Shelter of the Saints.	ਹੇ ਨਾਨਕ! (ਅਰਦਾਸ ਕਰ ਤੇ ਆਖ-) ਮੈਂ ਗੁਣ-ਹੀਨ ਹਾਂ, ਨੀਚ ਹਾਂ, ਨਿਆਸਰਾ ਹਾਂ, ਵਿਕਾਰੀ ਹਾਂ, ਮੈਂ ਸੰਤਾਂ ਦਾ ਪੱਲਾ ਫੜਿਆ ਹੈ।

26584	610	ਬੂਡਤ ਮੋਹ ਗ੍ਰਿਹ ਅੰਧ ਕੂਪ ਮਹਿ ਨਾਨਕ ਲੇਹੁ ਨਿਬਾਹੀ॥੪॥੭॥		Booddath Moh Grih Andhh Koop Mehi Naanak Laehu Nibaahee ||4||7||	I am drowning in the deep, dark pit of household attachments - please save me, Lord! ||4||7||	(ਹੇ ਸੰਤ ਜਨੋ!) ਗ੍ਰਿਹਸਤ ਦੇ ਮੋਹ ਦੇ ਅੰਨ੍ਹੇ ਖੂਹ ਵਿਚ ਡੁੱਬ ਰਹੇ ਦਾ ਸਾਥ ਤੋੜ ਤਕ ਨਿਬਾਹੋ ॥੪॥੭॥
26585	610	ਸੋਰਠਿ ਮਹਲਾ ੫ ਘਰੁ ੧॥		Sorath Mehalaa 5 Ghar 1 ||	Sorat'h, Fifth Mehl, First House:	
26586	610	ਜਾ ਕੈ ਹਿਰਦੈ ਵਸਿਆ ਤੂ ਕਰਤੇ ਤਾ ਕੀ ਤੈਂ ਆਸ ਪੁਜਾਈ॥		Jaa Kai Hiradhai Vasiaa Thoo Karathae Thaa Kee Thain Aas Pujaaee ||	O Creator Lord, You fulfill the desires of those, within whose heart You abide.	ਹੇ ਕਰਤਾਰ! ਜਿਸ ਮਨੁੱਖ ਦੇ ਹਿਰਦੇ ਵਿਚ ਤੂੰ ਆ ਵੱਸਦਾ ਹੈਂ, ਉਸ ਦੀ ਤੂੰ ਹਰੇਕ ਆਸ ਪੂਰੀ ਕਰ ਦੇਂਦਾ ਹੈਂ।
26587	610	ਦਾਸ ਅਪੁਨੇ ਕਉ ਤੂ ਵਿਸਰਹਿ ਨਾਹੀ ਚਰਣ ਧੂਰਿ ਮਨਿ ਭਾਈ॥੧॥		Dhaas Apunae Ko Thoo Visarehi Naahee Charan Dhhoor Man Bhaaee ||1||	Your slaves do not forget You; the dust of Your feet is pleasing to their minds. ||1||	ਆਪਣੇ ਸੇਵਕ ਨੂੰ ਤੂੰ ਕਦੇ ਨਹੀਂ ਵਿੱਸਰਦਾ (ਤੇਰਾ ਸੇਵਕ ਤੈਨੂੰ ਕਦੇ ਨਹੀਂ ਭੁਲਾਂਦਾ), ਉਸ ਦੇ ਮਨ ਵਿਚ ਤੇਰੇ ਚਰਨਾਂ ਦੀ ਧੂੜ ਪਿਆਰੀ ਲੱਗਦੀ ਹੈ ॥੧॥
26588	610	ਤੇਰੀ ਅਕਥ ਕਥਾ ਕਥਨ ਨ ਜਾਈ॥	ਅ-ਕਥ:ਪੋਲਾ ਬੋਲੋ	Thaeree Akathh Kathhaa Kathhan N Jaaee ||	Your Unspoken Speech cannot be spoken.	(ਹੇ ਪ੍ਰਭੂ) ਤੂੰ ਕਿਹੋ ਜਿਹਾ ਹੈਂ, ਕੇਡਾ ਵੱਡਾ ਹੈਂ-ਇਹ ਗੱਲ ਬਿਆਨ ਨਹੀਂ ਕੀਤੀ ਜਾ ਸਕਦੀ।

26589	610	ਗੁਣ ਨਿਧਾਨ ਸੁਖਦਾਤੇ ਸੁਆਮੀ ਸਭ ਤੇ ਊਚ ਬਡਾਈ॥ਰਹਾਉ॥		Gun Nidhhaan Sukhadhaathae Suaamee Sabh Thae Ooch Baddaaee || Rehaao ||	O treasure of excellence, Giver of peace, Lord and Master, Your greatness is the highest of all. ||Pause||	ਹੇ ਸਾਰੇ ਗੁਣਾਂ ਦੇ ਖ਼ਜ਼ਾਨੇ! ਹੇ ਸੁਖ ਦੇਣ ਵਾਲੇ ਮਾਲਕ! ਤੇਰੀ ਵਡਿਆਈ ਸਭ ਤੋਂ ਉੱਚੀ ਹੈ (ਤੂੰ ਸਭਨਾਂ ਤੋਂ ਵੱਡਾ ਹੈਂ) ਰਹਾਉ॥
26590	610	ਸੋ ਸੋ ਕਰਮ ਕਰਤ ਹੈ ਪ੍ਰਾਣੀ ਜੈਸੀ ਤੁਮ ਲਿਖਿ ਪਾਈ॥		So So Karam Karath Hai Praanee Jaisee Thum Likh Paaee ||	The mortal does those deeds, and those alone, which You ordained by destiny.	(ਪਰ, ਹੇ ਪ੍ਰਭੂ!) ਜੀਵ ਉਹੀ ਉਹੀ ਕਰਮ ਕਰਦਾ ਹੈ ਜਿਹੋ ਜਿਹੀ (ਆਗਿਆ) ਤੂੰ (ਉਸ ਦੇ ਮੱਥੇ ਤੇ) ਲਿਖ ਕੇ ਰੱਖ ਦਿੱਤੀ ਹੈ।
26591	610	ਸੇਵਕ ਕਉ ਤੁਮ ਸੇਵਾ ਦੀਨੀ ਦਰਸਨੁ ਦੇਖਿ ਅਘਾਈ॥੨॥		Saevak Ko Thum Saevaa Dheenee Dharasan Dhaekh Aghaaee ||2||	Your servant, whom You bless with Your service, is satisfied and fulfilled, beholding the Blessed Vision of Your Darshan. ||2||	ਆਪਣੇ ਸੇਵਕ ਨੂੰ ਤੂੰ ਆਪਣੀ ਸੇਵਾ-ਭਗਤੀ ਦੀ ਦਾਤਿ ਬਖ਼ਸ਼ੀ ਹੋਈ ਹੈ, (ਉਹ ਸੇਵਕ) ਤੇਰਾ ਦਰਸਨ ਕਰ ਕੇ ਰੱਜਿਆ ਰਹਿੰਦਾ ਹੈ ॥੨॥
26592	610	ਸਰਬ ਨਿਰੰਤਰਿ ਤੁਮਹਿ ਸਮਾਨੇ ਜਾ ਕਉ ਤੁਧੁ ਆਪਿ ਬੁਝਾਈ॥	ਬੁੱਝਾਈ	Sarab Niranthar Thumehi Samaanae Jaa Ko Thudhh Aap Bujhaaee ||	You are contained in all, but he alone realizes this, whom You bless with understanding.	ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਆਪ ਸਮਝ ਬਖ਼ਸ਼ਦਾ ਹੈਂ, ਉਸ ਨੂੰ ਤੂੰ ਸਾਰੇ ਹੀ ਜੀਵਾਂ ਦੇ ਅੰਦਰ ਇਕ-ਰਸ ਸਮਾਇਆ ਦਿੱਸਦਾ ਹੈਂ।

26593	610	ਗੁਰ ਪਰਸਾਦਿ ਮਿਟਿਓ ਅਗਿਆਨਾ ਪ੍ਰਗਟ ਭਏ ਸਭ ਠਾਈ॥੩॥		Gur Parasaadh Mittiou Agiaanaa Pragatt Bheae Sabh Thaaee ||3||	By Guru's Grace, his spiritual ignorance is dispelled, and he is respected everywhere. ||3||	ਗੁਰੂ ਦੀ ਕਿਰਪਾ ਨਾਲ (ਉਸ ਮਨੁੱਖ ਦੇ ਅੰਦਰੋਂ) ਅਗਿਆਨਤਾ (ਦਾ ਹਨੇਰਾ) ਮਿਟ ਜਾਂਦਾ ਹੈ, ਉਸ ਦੀ ਸੋਭਾ ਸਭ ਥਾਈਂ ਪਸਰ ਜਾਂਦੀ ਹੈ ॥੩॥
26594	610	ਸੋਈ ਗਿਆਨੀ ਸੋਈ ਧਿਆਨੀ ਸੋਈ ਪੁਰਖੁ ਸੁਭਾਈ॥		Soee Giaanee Soee Dhhiaanee Soee Purakh Subhaaee ||	He alone is spiritually enlightened, he alone is a meditator, and he alone is a man of good nature.	ਉਹੀ ਮਨੁੱਖ ਗਿਆਨਵਾਨ ਹੈ, ਉਹੀ ਮਨੁੱਖ ਸੁਰਤਿ-ਅੱਭਿਆਸੀ ਹੈ, ਉਹੀ ਮਨੁੱਖ ਪਿਆਰ-ਸੁਭਾਵ ਵਾਲਾ ਹੈ,
26595	610	ਕਹੁ ਨਾਨਕ ਜਿਸੁ ਭਏ ਦਇਆਲਾ ਤਾ ਕਉ ਮਨ ਤੇ ਬਿਸਰਿ ਨ ਜਾਈ॥੪॥੮॥		Kahu Naanak Jis Bheae Dhaeiaalaa Thaa Ko Man Thae Bisar N Jaaee ||4||8||	Says Nanak, one unto whom the Lord becomes Merciful, does not forget the Lord from his mind. ||4||8||	ਨਾਨਕ ਆਖਦਾ ਹੈ- ਜਿਸ ਮਨੁੱਖ ਉੱਤੇ ਪਰਮਾਤਮਾ ਆਪ ਦਇਆਵਾਨ ਹੁੰਦਾ ਹੈ, ਉਸ ਮਨੁੱਖ ਨੂੰ ਪਰਮਾਤਮਾ ਮਨ ਤੋਂ ਕਦੇ ਭੀ ਨਹੀਂ ਭੁੱਲਦਾ ॥੪॥੮॥
26596	610	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

26597	610	ਸਗਲ ਸਮਗ੍ਰੀ ਮੋਹਿ ਵਿਆਪੀ ਕਬ ਊਚੇ ਕਬ ਨੀਚੇ॥	ਸਮੱਗ੍ਰੀ	Sagal Samagree Mohi Viaapee Kab Oochae Kab Neechae ||	The whole creation is engrossed in emotional attachment; sometimes, one is high, and at other times, low.	ਹੇ ਭਾਈ! ਸਾਰੀ ਦੁਨੀਆ ਮੋਹ ਵਿਚ ਫਸੀ ਹੋਈ ਹੈ (ਇਸ ਦੇ ਕਾਰਨ) ਕਦੇ (ਜੀਵ) ਅਹੰਕਾਰ ਵਿਚ ਆ ਜਾਂਦੇ ਹਨ, ਕਦੇ ਘਬਰਾਹਟ ਵਿਚ ਪੈ ਜਾਂਦੇ ਹਨ।
26598	610	ਸੁਧੁ ਨ ਹੋਈਐ ਕਾਹੂ ਜਤਨਾ ਓੜਕਿ ਕੋ ਨ ਪਹੂਚੇ॥੧॥		Sudhh N Hoeeai Kaahoo Jathanaa Ourrak Ko N Pehoochae ||1||	No one can be purified by any rituals or devices; they cannot reach their goal. ||1||	ਆਪਣੇ ਕਿਸੇ ਭੀ ਜਤਨ ਨਾਲ (ਮੋਹ ਦੀ ਮੈਲ ਤੋਂ) ਪਵਿਤ੍ਰ ਨਹੀਂ ਹੋ ਸਕੀਦਾ। ਕੋਈ ਭੀ ਮਨੁੱਖ (ਆਪਣੇ ਜਤਨ ਨਾਲ ਮੋਹ ਦੇ) ਪਾਰਲੇ ਬੰਨੇ ਨਹੀਂ ਪਹੁੰਚ ਸਕਦਾ ॥੧॥
26599	611	ਮੇਰੇ ਮਨ ਸਾਧ ਸਰਣਿ ਛੁਟਕਾਰਾ॥		Maerae Man Saadhh Saran Shhuttakaaraa ||	O my mind, emancipation is attained in the Sanctuary of the Holy Saints.	ਹੇ ਮੇਰੇ ਮਨ! ਗੁਰੂ ਦੀ ਸਰਨ ਪਿਆਂ ਹੀ (ਮੋਹ ਤੋਂ) ਖ਼ਲਾਸੀ ਹੋ ਸਕਦੀ ਹੈ।
26600	611	ਬਿਨੁ ਗੁਰ ਪੂਰੇ ਜਨਮ ਮਰਣੁ ਨ ਰਹਈ ਫਿਰਿ ਆਵਤ ਬਾਰੋ ਬਾਰਾ॥ਰਹਾਉ॥		Bin Gur Poorae Janam Maran N Rehee Fir Aavath Baaro Baaraa || Rehaao ||	Without the Perfect Guru, births and deaths do not cease, and one comes and goes, over and over again. ||Pause||	ਪੂਰੇ ਗੁਰੂ ਤੋਂ ਬਿਨਾ (ਜੀਵ ਦਾ) ਜਨਮ ਮਰਨ (ਦਾ ਗੇੜ) ਨਹੀਂ ਮੁੱਕਦਾ, (ਜੀਵ) ਮੁੜ ਮੁੜ (ਜਗਤ ਵਿਚ) ਆਉਂਦਾ ਰਹਿੰਦਾ ਹੈ ਰਹਾਉ॥

26601	611	ਓਹੁ ਜੁ ਭਰਮੁ ਭੁਲਾਵਾ ਕਹੀਅਤ ਤਿਨ ਮਹਿ ਉਰਝਿਓ ਸਗਲ ਸੰਸਾਰਾ॥		Ouhu J Bharam Bhulaavaa Keheeath Thin Mehi Ourajhiou Sagal Sansaaraa ||	The whole world is entangled in what is called the delusion of doubt.	ਜਿਸ ਮਾਨਸਕ ਹਾਲਤ ਨੂੰ 'ਭਰਮ ਭੁਲਾਵਾ' ਆਖੀਦਾ ਹੈ, ਸਾਰਾ ਜਗਤ ਉਹਨਾਂ (ਭਰਮ ਭੁਲਾਵਿਆਂ ਵਿਚ) ਫਸਿਆ ਪਿਆ ਹੈ।
26602	611	ਪੂਰਨ ਭਗਤੁ ਪੁਰਖ ਸੁਆਮੀ ਕਾ ਸਰਬ ਥੋਕ ਤੇ ਨਿਆਰਾ॥੨॥		Pooran Bhagath Purakh Suaamee Kaa Sarab Thhok Thae Niaaraa ||2||	The perfect devotee of the Primal Lord God remains detached from everything. ||2||	ਪਰੰਤੂ ਸਰਬ-ਵਿਆਪਕ ਮਾਲਕ-ਪ੍ਰਭੂ ਦਾ ਪੂਰਨ ਭਗਤ (ਦੁਨੀਆ ਦੇ) ਸਾਰੇ ਪਦਾਰਥਾਂ (ਦੇ ਮੋਹ) ਤੋਂ ਵੱਖਰਾ ਰਹਿੰਦਾ ਹੈ ॥੨॥
26603	611	ਨਿੰਦਉ ਨਾਹੀ ਕਾਹੂ ਬਾਤੈ ਏਹੁ ਖਸਮ ਕਾ ਕੀਆ॥		Nindho Naahee Kaahoo Baathai Eaehu Khasam Kaa Keeaa ||	Don't indulge in slander for any reason, for everything is the creation of the Lord and Master.	ਫਿਰ ਭੀ, ਹੇ ਭਾਈ! ਇਹ ਸਾਰਾ ਜਗਤ ਮਾਲਕ-ਪ੍ਰਭੂ ਦਾ ਪੈਦਾ ਕੀਤਾ ਹੋਇਆ ਹੈ, ਮੈਂ ਇਸ ਨੂੰ ਕਿਸੇ ਗੱਲੇ ਭੀ ਮਾੜਾ ਨਹੀਂ ਆਖ ਸਕਦਾ।
26604	611	ਜਾ ਕਉ ਕ੍ਰਿਪਾ ਕਰੀ ਪ੍ਰਭਿ ਮੇਰੈ ਮਿਲਿ ਸਾਧਸੰਗਤਿ ਨਾਉ ਲੀਆ॥੩॥		Jaa Ko Kirapaa Karee Prabh Maerai Mil Saadhhasangath Naao Leeaa ||3||	One who is blessed with the Mercy of my God, dwells on the Name in the Saadh Sangat, the Company of the Holy. ||3||	ਹਾਂ, ਜਿਸ ਮਨੁੱਖ ਉਤੇ ਮੇਰੇ ਪ੍ਰਭੂ ਨੇ ਮੇਹਰ ਕਰ ਦਿੱਤੀ, ਉਹ ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦਾ ਨਾਮ ਜਪਦਾ ਹੈ, (ਤੇ, ਮੋਹ ਤੋਂ ਬਚ ਨਿਕਲਦਾ ਹੈ) ॥੩॥

26605	611	ਪਾਰਬ੍ਰਹਮ ਪਰਮੇਸੁਰ ਸਤਿਗੁਰ ਸਭਨਾ ਕਰਤ ਉਧਾਰਾ॥		Paarabreham Paramaesur Sathigur Sabhanaa Karath Oudhhaaraa ||	The Supreme Lord God, the Transcendent Lord, the True Guru, saves all.	(ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ) ਪਰਮਾਤਮਾ ਦਾ ਰੂਪ ਗੁਰੂ ਉਹਨਾਂ ਸਭਨਾਂ ਦਾ ਪਾਰ-ਉਤਾਰਾ ਕਰ ਦੇਂਦਾ ਹੈ।
26606	611	ਕਹੁ ਨਾਨਕ ਗੁਰ ਬਿਨੁ ਨਹੀ ਤਰੀਐ ਇਹੁ ਪੂਰਨ ਤਤੁ ਬੀਚਾਰਾ॥੪॥੯॥		Kahu Naanak Gur Bin Nehee Thareeai Eihu Pooran Thath Beechaaraa ||4||9||	Says Nanak, without the Guru, no one crosses over; this is the perfect essence of all contemplation. ||4||9||	ਨਾਨਕ ਆਖਦਾ ਹੈ- ਅਸਾਂ ਇਹ ਪੂਰੀ ਅਸਲੀਅਤ ਵਿਚਾਰ ਲਈ ਹੈ ਕਿ ਗੁਰੂ ਦੀ ਸਰਨ ਪੈਣ ਤੋਂ ਬਿਨਾ (ਸੰਸਾਰ-ਸਮੁੰਦਰ ਤੋਂ) ਪਾਰ ਨਹੀਂ ਲੰਘ ਸਕੀਦਾ ॥੪॥੯॥
26607	611	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26608	611	ਖੋਜਤ ਖੋਜਤ ਖੋਜਿ ਬੀਚਾਰਿਓ ਰਾਮ ਨਾਮੁ ਤਤੁ ਸਾਰਾ॥		Khojath Khojath Khoj Beechaariou Raam Naam Thath Saaraa ||	I have searched and searched and searched, and found that the Lord's Name is the most sublime reality.	ਹੇ ਭਾਈ! ਬੜੀ ਲੰਮੀ ਖੋਜ ਕਰ ਕੇ ਅਸੀਂ ਇਸ ਵਿਚਾਰ ਤੇ ਪਹੁੰਚੇ ਹਾਂ ਕਿ ਪਰਮਾਤਮਾ ਦਾ ਨਾਮ (-ਸਿਮਰਨਾ ਹੀ ਮਨੁੱਖਾ ਜੀਵਨ ਦੀ) ਸਭ ਤੋਂ ਉੱਚੀ ਅਸਲੀਅਤ ਹੈ।
26609	611	ਕਿਲਬਿਖ ਕਾਟੇ ਨਿਮਖ ਅਰਾਧਿਆ ਗੁਰਮੁਖਿ ਪਾਰਿ ਉਤਾਰਾ॥੧॥		Kilabikh Kaattae Nimakh Araadhhiaa Guramukh Paar Outhaaraa ||1||	Contemplating it for even an instant, sins are erased; the Gurmukh is carried across and saved. ||1||	ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਸਿਮਰਿਆਂ (ਇਹ ਨਾਮ) ਅੱਖ ਦੇ ਫੋਰ ਵਿਚ (ਸਾਰੇ) ਪਾਪ ਕੱਟ ਦੇਂਦਾ ਹੈ, ਤੇ, (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦੇਂਦਾ ਹੈ ॥੧॥

26610	611	ਹਰਿ ਰਸੁ ਪੀਵਹੁ ਪੁਰਖ ਗਿਆਨੀ॥		Har Ras Peevahu Purakh Giaanee ||	Drink in the sublime essence of the Lord's Name, O man of spiritual wisdom.	ਆਤਮਕ ਜੀਵਨ ਦੀ ਸੂਝ ਵਾਲੇ ਹੇ ਮਨੁੱਖ! (ਸਦਾ) ਪਰਮਾਤਮਾ ਦਾ ਨਾਮ-ਰਸ ਪੀਆ ਕਰ।
26611	611	ਸੁਣਿ ਸੁਣਿ ਮਹਾ ਤ੍ਰਿਪਤਿ ਮਨੁ ਪਾਵੈ ਸਾਧੂ ਅੰਮ੍ਰਿਤ ਬਾਨੀ॥ਰਹਾਉ॥		Sun Sun Mehaa Thripath Man Paavai Saadhhoo Anmrith Baanee || Rehaao ||	Listening to the Ambrosial Words of the Holy Saints, the mind finds absolute fulfillment and satisfaction. ||Pause||	(ਹੇ ਭਾਈ!) ਗੁਰੂ ਦੀ ਆਤਮਕ ਜੀਵਨ ਦੇਣ ਵਾਲੀ ਬਾਣੀ ਦੀ ਰਾਹੀਂ (ਪਰਮਾਤਮਾ ਦਾ) ਨਾਮ ਮੁੜ ਮੁੜ ਸੁਣ ਕੇ (ਮਨੁੱਖ ਦਾ) ਮਨ ਸਭ ਤੋਂ ਉੱਚਾ ਸੰਤੋਖ ਹਾਸਲ ਕਰ ਲੈਂਦਾ ਹੈ ਰਹਾਉ॥
26612	611	ਮੁਕਤਿ ਭੁਗਤਿ ਜੁਗਤਿ ਸਚੁ ਪਾਈਐ ਸਰਬ ਸੁਖਾ ਕਾ ਦਾਤਾ॥		Mukath Bhugath Jugath Sach Paaeeai Sarab Sukhaa Kaa Dhaathaa ||	Liberation, pleasures, and the true way of life are obtained from the Lord, the Giver of all peace.	ਹੇ ਭਾਈ! ਸਾਰੇ ਸੁਖਾਂ ਦਾ ਦੇਣ ਵਾਲਾ, ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਜੇ ਮਿਲ ਪਏ, ਤਾਂ ਇਹੀ ਹੈ ਵਿਕਾਰਾਂ ਤੋਂ ਖ਼ਲਾਸੀ (ਦਾ ਮੂਲ), ਇਹੀ ਹੈ (ਆਤਮਾ ਦੀ) ਖ਼ੁਰਾਕ, ਇਹੀ ਹੈ ਜੀਉਣ ਦਾ ਸੁਚੱਜਾ ਢੰਗ।
26613	611	ਅਪੁਨੇ ਦਾਸ ਕਉ ਭਗਤਿ ਦਾਨੁ ਦੇਵੈ ਪੂਰਨ ਪੁਰਖੁ ਬਿਧਾਤਾ॥੨॥		Apunae Dhaas Ko Bhagath Dhaan Dhaevai Pooran Purakh Bidhhaathaa ||2||	The Perfect Lord, the Architect of Destiny, blesses His slave with the gift of devotional worship. ||2||	ਉਹ ਸਰਬ-ਵਿਆਪਕ ਸਿਰਜਣਹਾਰ ਪ੍ਰਭੂ ਭਗਤੀ ਦਾ (ਇਹ) ਦਾਨ ਆਪਣੇ ਸੇਵਕ ਨੂੰ (ਹੀ) ਬਖ਼ਸ਼ਦਾ ਹੈ ॥੨॥

26614	611	ਸ੍ਰਵਣੀ ਸੁਣੀਐ ਰਸਨਾ ਗਾਈਐ ਹਿਰਦੈ ਧਿਆਈਐ ਸੋਈ॥		Sravanee Suneeai Rasanaa Gaaeeai Hiradhai Dhhiaaeeai Soee ||	Hear with your ears, and sing with your tongue, and meditate within your heart on Him.	ਹੇ ਭਾਈ! ਉਸ (ਪ੍ਰਭੂ ਦੇ) ਹੀ (ਨਾਮ) ਨੂੰ ਕੰਨਾਂ ਨਾਲ ਸੁਣਨਾ ਚਾਹੀਦਾ ਹੈ, ਜੀਭ ਨਾਲ ਗਾਣਾ ਚਾਹੀਦਾ ਹੈ, ਹਿਰਦੇ ਵਿਚ ਆਰਾਧਣਾ ਚਾਹੀਦਾ ਹੈ,
26615	611	ਕਰਣ ਕਾਰਣ ਸਮਰਥ ਸੁਆਮੀ ਜਾ ਤੇ ਬ੍ਰਿਥਾ ਨ ਕੋਈ॥੩॥	ਸਮਰੱਥ	Karan Kaaran Samarathh Suaamee Jaa Thae Brithhaa N Koee ||3||	The Lord and Master is all-powerful, the Cause of causes; without Him, there is nothing at all. ||3||	ਜਿਸ ਜਗਤ ਦੇ ਮੂਲ ਸਭ ਤਾਕਤਾਂ ਦੇ ਮਾਲਕ ਦੇ ਦਰ ਤੋਂ ਕੋਈ ਜੀਵ ਖ਼ਾਲੀ-ਹੱਥ ਨਹੀਂ ਜਾਂਦਾ ॥੩॥
26616	611	ਵਡੈਭਾਗਿ ਰਤਨ ਜਨਮੁ ਪਾਇਆ ਕਰਹੁ ਕ੍ਰਿਪਾ ਕਿਰਪਾਲਾ॥		Vaddai Bhaag Rathan Janam Paaeiaa Karahu Kirapaa Kirapaalaa ||	By great good fortune, I have obtained the jewel of human life; have mercy on me, O Merciful Lord.	ਹੇ ਕਿਰਪਾਲ! ਵੱਡੀ ਕਿਸਮਤ ਨਾਲ ਇਹ ਸ੍ਰੇਸ਼ਟ ਮਨੁੱਖਾ ਜਨਮ ਲੱਭਾ ਹੈ (ਹੁਣ) ਮੇਹਰ ਕਰ,
26617	611	ਸਾਧਸੰਗਿ ਨਾਨਕੁ ਗੁਣ ਗਾਵੈ ਸਿਮਰੈ ਸਦਾ ਗੁਪਾਲਾ॥੪॥੧੦॥	ਗੋਪਾਲਾ:ਗੋ:ਹੋੜੇ ਔਂਕੜ ਵਿਚਾਲੇ ਬੋਲੋ	Saadhhasang Naanak Gun Gaavai Simarai Sadhaa Guopaalaa ||4||10||	In the Saadh Sangat, the Company of the Holy, Nanak sings the Glorious Praises of the Lord, and contemplates Him forever in meditation. ||4||10||	ਹੇ ਗੋਪਾਲ! (ਤੇਰਾ ਸੇਵਕ) ਨਾਨਕ ਸਾਧ ਸੰਗਤਿ ਵਿਚ ਰਹਿ ਕੇ ਤੇਰੇ ਗੁਣ ਗਾਂਦਾ ਰਹੇ, ਤੇਰਾ ਨਾਮ ਸਦਾ ਸਿਮਰਦਾ ਰਹੇ ॥੪॥੧੦॥
26618	611	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

26619	611	ਕਰਿ ਇਸਨਾਨੁ ਸਿਮਰਿ ਪ੍ਰਭੁ ਅਪਨਾ ਮਨ ਤਨ ਭਏ ਅਰੋਗਾ॥		Kar Eisanaan Simar Prabh Apanaa Man Than Bheae Arogaa ||	After taking your cleansing bath, remember your God in meditation, and your mind and body shall be free of disease.	(ਹੇ ਭਾਈ! ਅੰਮ੍ਰਿਤ ਵੇਲੇ) ਇਸ਼ਨਾਨ ਕਰ ਕੇ, ਆਪਣੇ ਪ੍ਰਭੂ ਦਾ ਨਾਮ ਸਿਮਰ ਕੇ ਮਨ ਅਤੇ ਸਰੀਰ ਨਰੋਏ ਹੋ ਜਾਂਦੇ ਹਨ,
26620	611	ਕੋਟਿ ਬਿਘਨ ਲਾਥੇ ਪ੍ਰਭ ਸਰਣਾ ਪ੍ਰਗਟੇ ਭਲੇ ਸੰਜੋਗਾ ॥੧॥		Kott Bighan Laathhae Prabh Saranaa Pragattae Bhalae Sanjogaa ||1||	Millions of obstacles are removed, in the Sanctuary of God, and good fortune dawns. ||1||	(ਕਿਉਂਕਿ) ਪ੍ਰਭੂ ਦੀ ਸਰਨ ਪਿਆਂ (ਜੀਵਨ ਦੇ ਰਾਹ ਵਿਚ ਆਉਣ ਵਾਲੀਆਂ) ਕ੍ਰੋੜਾਂ ਰੁਕਾਵਟਾਂ ਦੂਰ ਹੋ ਜਾਂਦੀਆਂ ਹਨ, ਤੇ, ਪ੍ਰਭੂ ਨਾਲ ਮਿਲਾਪ ਦੇ ਚੰਗੇ ਅਵਸਰ ਉੱਘੜ ਪੈਂਦੇ ਹਨ ॥੧॥
26621	611	ਪ੍ਰਭ ਬਾਣੀ ਸਬਦੁ ਸੁਭਾਖਿਆ॥	(ਸਬਦੁ)ਉਪਦੇਸ਼	Prabh Baanee Sabadh Subhaakhiaa ||	The Word of God's Bani, and His Shabad, are the best utterances.	ਹੇ ਭਾਈ! (ਗੁਰੂ ਨੇ ਆਪਣਾ) ਸ਼ਬਦ ਸੋਹਣਾ ਉਚਾਰਿਆ ਹੋਇਆ ਹੈ, (ਇਹ ਸ਼ਬਦ) ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਹੈ।
26622	611	ਗਾਵਹੁ ਸੁਣਹੁ ਪੜਹੁ ਨਿਤ ਭਾਈ ਗੁਰ ਪੂਰੈ ਤੂ ਰਾਖਿਆ॥ਰਹਾਉ॥		Gaavahu Sunahu Parrahu Nith Bhaaee Gur Poorai Thoo Raakhiaa || Rehaao ||	So constantly sing them, listen to them, and read them, O Siblings of Destiny, and the Perfect Guru shall save you. ||Pause||	(ਇਸ ਸ਼ਬਦ ਨੂੰ) ਸਦਾ ਗਾਂਦੇ ਰਹੋ, ਸੁਣਦੇ ਰਹੋ, ਪੜ੍ਹਦੇ ਰਹੋ, (ਜੇ ਇਹ ਉੱਦਮ ਕਰਦਾ ਰਹੇਂਗਾ, ਤਾਂ ਯਕੀਨ ਰੱਖ) ਪੂਰੇ ਗੁਰੂ ਨੇ ਤੈਨੂੰ (ਜੀਵਨ ਵਿਚ ਆਉਣ ਵਾਲੀਆਂ ਰੁਕਾਵਟਾਂ ਤੋਂ) ਬਚਾ ਲਿਆ ਰਹਾਉ॥

26623	611	ਸਾਚਾ ਸਾਹਿਬੁ ਅਮਿਤਿ ਵਡਾਈ ਭਗਤਿ ਵਛਲ ਦਇਆਲਾ॥	ਵੱਛਲ	Saachaa Saahib Amith Vaddaaee Bhagath Vashhal Dhaeiaalaa ||	The glorious greatness of the True Lord is immeasurable; the Merciful Lord is the Lover of His devotees.	ਹੇ ਭਾਈ! ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੀ ਬਜ਼ੁਰਗੀ ਮਿਣੀ ਨਹੀਂ ਜਾ ਸਕਦੀ, ਉਹ ਭਗਤੀ ਨਾਲ ਪਿਆਰ ਕਰਨ ਵਾਲਾ ਹੈ, ਉਹ ਦਇਆ ਦਾ ਸੋਮਾ ਹੈ।
26624	611	ਸੰਤਾ ਕੀ ਪੈਜ ਰਖਦਾ ਆਇਆ ਆਦਿ ਬਿਰਦੁ ਪ੍ਰਤਿਪਾਲਾ॥੨॥		Santhaa Kee Paij Rakhadhaa Aaeiaa Aadh Biradh Prathipaalaa ||2||	He has preserved the honor of His Saints; from the very beginning of time, His Nature is to cherish them. ||2||	ਆਪਣੇ ਸੰਤਾਂ ਦੀ ਇੱਜ਼ਤ ਉਹ (ਸਦਾ ਤੋਂ ਹੀ) ਰੱਖਦਾ ਆਇਆ ਹੈ, ਆਪਣਾ ਇਹ ਮੁੱਢ-ਕਦੀਮਾਂ ਦਾ ਸੁਭਾਉ ਉਹ ਸ਼ੁਰੂ ਤੋਂ ਹੀ ਪਾਲਦਾ ਆ ਰਿਹਾ ਹੈ ॥੨॥
26625	611	ਹਰਿ ਅੰਮ੍ਰਿਤ ਨਾਮੁ ਭੋਜਨੁ ਨਿਤ ਭੁੰਚਹੁ ਸਰਬ ਵੇਲਾ ਮੁਖਿ ਪਾਵਹੁ॥	ਵੇਲਾ:ਪੋਲਾ ਬੋਲੋ	Har Anmrith Naam Bhojan Nith Bhunchahu Sarab Vaelaa Mukh Paavahu ||	So eat the Ambrosial Name of the Lord as your food; put it into your mouth at all times.	ਹੇ ਭਾਈ! ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ, ਇਹ (ਆਤਮਕ) ਖ਼ੁਰਾਕ ਸਦਾ ਖਾਂਦੇ ਰਹੋ, ਹਰ ਵੇਲੇ ਆਪਣੇ ਮੂੰਹ ਵਿਚ ਪਾਂਦੇ ਰਹੋ।
26626	611	ਜਰਾ ਮਰਾ ਤਾਪੁ ਸਭੁ ਨਾਠਾ ਗੁਣ ਗੋਬਿੰਦ ਨਿਤ ਗਾਵਹੁ॥੩॥		Jaraa Maraa Thaap Sabh Naathaa Gun Gobindh Nith Gaavahu ||3||	The pains of old age and death shall all depart, when you constantly sing the Glorious Praises of the Lord of the Universe. ||3||	ਹੇ ਭਾਈ! ਗੋਬਿੰਦ ਦੇ ਗੁਣ ਸਦਾ ਗਾਂਦੇ ਰਹੋ (ਆਤਮਕ ਜੀਵਨ ਨੂੰ) ਨਾਹ ਬੁਢੇਪਾ ਆਵੇਗਾ ਨਾ ਮੌਤ ਆਵੇਗੀ, ਹਰੇਕ ਦੁੱਖ-ਕਲੇਸ਼ ਦੂਰ ਹੋ ਜਾਇਗਾ ॥੩॥

26627	611	ਸੁਣੀ ਅਰਦਾਸਿ ਸੁਆਮੀ ਮੇਰੈ ਸਰਬ ਕਲਾ ਬਣਿ ਆਈ॥		Sunee Aradhaas Suaamee Maerai Sarab Kalaa Ban Aaee ||	My Lord and Master has heard my prayer, and all my affairs have been resolved.	ਹੇ ਭਾਈ! (ਜਿਸ ਭੀ ਮਨੁੱਖ ਨੇ ਗੁਰੂ ਦੇ ਸ਼ਬਦ ਦਾ ਆਸਰਾ ਲੈ ਕੇ ਪ੍ਰਭੂ ਦਾ ਨਾਮ ਜਪਿਆ) ਮੇਰੇ ਮਾਲਕ ਨੇ ਉਸ ਦੀ ਅਰਦਾਸਿ ਸੁਣ ਲਈ, (ਕ੍ਰੋੜਾਂ ਵਿਘਨਾਂ ਦਾ ਟਾਕਰਾ ਕਰਨ ਲਈ ਉਸ ਦੇ ਅੰਦਰ) ਪੂਰੀ ਤਾਕਤ ਪੈਦਾ ਹੋ ਜਾਂਦੀ ਹੈ।
26628	611	ਪ੍ਰਗਟ ਭਈ ਸਗਲੇ ਜੁਗ ਅੰਤਰਿ ਗੁਰ ਨਾਨਕ ਕੀ ਵਡਿਆਈ॥੪॥੧੧॥	ਜੁੱਗ	Pragatt Bhee Sagalae Jug Anthar Gur Naanak Kee Vaddiaaee ||4||11||	The glorious greatness of Guru Nanak is manifest, throughout all the ages. ||4||11||	ਹੇ ਨਾਨਕ! ਗੁਰੂ ਦੀ ਇਹ ਅਜ਼ਮਤ ਸਾਰੇ ਜੁਗਾਂ ਵਿਚ ਹੀ ਪਰਤੱਖ ਉੱਘੜ ਰਹਿੰਦੀ ਹੈ ॥੪॥੧੧॥
26629	611	ਸੋਰਠਿ ਮਹਲਾ ੫ ਘਰੁ ੨ ਚਉਪਦੇ		Sorath Mehalaa 5 Ghar 2 Choupadhae	Sorat'h, Fifth Mehl, Second House, Chau-Padas:	ਰਾਗ ਸੋਰਠਿ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
26630	611	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

26631	611	ਏਕੁ ਪਿਤਾ ਏਕਸ ਕੇ ਹਮ ਬਾਰਿਕ ਤੂ ਮੇਰਾ ਗੁਰ ਹਾਈ॥	ਆਪ ਜੀ ਦਾਸਨ ਦਾਸ ਦੇ ਗੁਰੂ ਜੀ (ਹਾਈ) ਹੋਂ ਜੀ। (੨. ਗੁਰਹਾਈ)	Eaek Pithaa Eaekas Kae Ham Baarik Thoo Maeraa Gur Haaee ||	The One God is our father; we are the children of the One God. You are our Guru.	(ਸਾਡਾ) ਇਕੋ ਹੀ ਪ੍ਰਭੂ-ਪਿਤਾ ਹੈ, ਅਸੀਂ ਇਕੋ ਪ੍ਰਭੂ-ਪਿਤਾ ਦੇ ਬੱਚੇ ਹਾਂ, (ਫਿਰ,) ਤੂੰ ਮੇਰਾ ਗੁਰਭਾਈ (ਭੀ) ਹੈਂ।
26632	611	ਸੁਣਿ ਮੀਤਾ ਜੀਉ ਹਮਾਰਾ ਬਲਿ ਬਲਿ ਜਾਸੀ ਹਰਿ ਦਰਸਨੁ ਦੇਹੁ ਦਿਖਾਈ॥੧॥		Sun Meethaa Jeeo Hamaaraa Bal Bal Jaasee Har Dharasan Dhaehu Dhikhaaee ||1||	Listen, friends: my soul is a sacrifice, a sacrifice to You; O Lord, reveal to me the Blessed Vision of Your Darshan. ||1||	ਹੇ ਮਿੱਤਰ! ਮੈਨੂੰ ਪਰਮਾਤਮਾ ਦਾ ਦਰਸਨ ਕਰਾ ਦੇਹ। ਮੇਰੀ ਜਿੰਦ ਤੈਥੋਂ ਮੁੜ ਮੁੜ ਸਦਕੇ ਜਾਇਆ ਕਰੇਗੀ ॥੧॥
26633	612	ਸੁਣਿ ਮੀਤਾ ਧੂਰੀ ਕਉ ਬਲਿ ਜਾਈ॥		Sun Meethaa Dhhooree Ko Bal Jaaee ||	Listen, friends: I am a sacrifice to the dust of Your feet.	ਹੇ ਮਿੱਤਰ! (ਮੇਰੀ ਬੇਨਤੀ) ਸੁਣ। ਮੈਂ (ਤੇਰੇ ਚਰਨਾਂ ਦੀ) ਧੂੜ ਤੋਂ ਕੁਰਬਾਨ ਜਾਂਦਾ ਹਾਂ।
26634	612	ਇਹੁ ਮਨੁ ਤੇਰਾ ਭਾਈ॥ਰਹਾਉ॥		Eihu Man Thaeraa Bhaaee || Rehaao ||	This mind is yours, O Siblings of Destiny. ||Pause||	ਹੇ ਭਰਾ! (ਮੈਂ ਆਪਣਾ) ਇਹ ਮਨ ਤੇਰਾ (ਆਗਿਆਕਾਰ ਬਣਾਣ ਨੂੰ ਤਿਆਰ ਹਾਂ) ਰਹਾਉ॥
26635	612	ਪਾਵ ਮਲੋਵਾ ਮਲਿ ਮਲਿ ਧੋਵਾ ਇਹੁ ਮਨੁ ਤੈਕੂ ਦੇਸਾ॥	ਤੈ-ਕੂ	Paav Malovaa Mal Mal Dhhovaa Eihu Man Thai Koo Dhaesaa ||	I wash your feet, I massage and clean them; I give this mind to you.	ਹੇ ਮਿੱਤਰ! ਮੈਂ (ਤੇਰੇ ਦੋਵੇਂ) ਪੈਰ ਮਲਾਂਗਾ, (ਇਹਨਾਂ ਨੂੰ) ਮਲ ਮਲ ਕੇ ਧੋਵਾਂਗਾ, ਮੈਂ ਆਪਣਾ ਇਹ ਮਨ ਤੇਰੇ ਹਵਾਲੇ ਕਰ ਦਿਆਂਗਾ।

26636	612	ਸੁਣਿ ਮੀਤਾ ਹਉ ਤੇਰੀ ਸਰਣਾਈ ਆਇਆ ਪ੍ਰਭ ਮਿਲਉ ਦੇਹੁ ਉਪਦੇਸਾ॥੨॥		Sun Meethaa Ho Thaeree Saranaaee Aaeiaa Prabh Milo Dhaehu Oupadhaesaa ||2||	Listen, friends: I have come to Your Sanctuary; teach me, that I might unite with God. ||2||	ਹੇ ਮਿੱਤਰ! (ਮੇਰੀ ਬੇਨਤੀ) ਸੁਣ। ਮੈਂ ਤੇਰੀ ਸ਼ਰਨ ਆਇਆ ਹਾਂ। ਮੈਨੂੰ (ਅਜੇਹਾ) ਉਪਦੇਸ਼ ਦੇਹ (ਕਿ) ਮੈਂ ਪ੍ਰਭੂ ਨੂੰ ਮਿਲ ਸਕਾਂ ॥੨॥
26637	612	ਮਾਨੁ ਨ ਕੀਜੈ ਸਰਣਿ ਪਰੀਜੈ ਕਰੈ ਸੁ ਭਲਾ ਮਨਾਈਐ॥		Maan N Keejai Saran Pareejai Karai S Bhalaa Manaaeeai ||	Do not be proud; seek His Sanctuary, and accept as good all that He does.	{ਨੋਟ: ਗੁਰਮੁਖਿ ਪ੍ਰਭੂ-ਮਿਲਾਪ ਦੀ ਜੁਗਤਿ ਦੱਸਦਾ ਹੈ} ਹੇ ਮਿੱਤਰ! ਸੁਣ। (ਕਿਸੇ ਕਿਸਮ ਦਾ) ਅਹੰਕਾਰ ਨਹੀਂ ਕਰਨਾ ਚਾਹੀਦਾ, ਪ੍ਰਭੂ ਦੀ ਸ਼ਰਨ ਪਏ ਰਹਿਣਾ ਚਾਹੀਦਾ ਹੈ। ਜੋ ਕੁਝ ਪਰਮਾਤਮਾ ਕਰ ਰਿਹਾ ਹੈ, ਉਸ ਨੂੰ ਭਲਾ ਕਰ ਕੇ ਮੰਨਣਾ ਚਾਹੀਦਾ ਹੈ।
26638	612	ਸੁਣਿ ਮੀਤਾ ਜੀਉ ਪਿੰਡੁ ਸਭੁ ਤਨੁ ਅਰਪੀਜੈ ਇਉ ਦਰਸਨੁ ਹਰਿ ਜੀਉ ਪਾਈਐ॥੩॥		Sun Meethaa Jeeo Pindd Sabh Than Arapeejai Eio Dharasan Har Jeeo Paaeeai ||3||	Listen, friends: dedicate your soul, body and your whole being to Him; thus you shall receive the Blessed Vision of His Darshan. ||3||	ਇਹ ਜਿੰਦ ਤੇ ਇਹ ਸਰੀਰ ਸਭ ਕੁਝ ਉਸ ਦੀ ਭੇਟ ਕਰ ਦੇਣਾ ਚਾਹੀਦਾ ਹੈ। ਇਸ ਤਰ੍ਹਾਂ ਪਰਮਾਤਮਾ ਨੂੰ ਲੱਭ ਲਈਦਾ ਹੈ ॥੩॥

26639	612	ਭਇਓ ਅਨੁਗ੍ਰਹੁ ਪ੍ਰਸਾਦਿ ਸੰਤਨ ਕੈ ਹਰਿ ਨਾਮਾ ਹੈ ਮੀਠਾ॥	(ਅ-ਨੁੱਗ੍ਰਹੁ) ਕ੍ਰਿਪਾ	Bhaeiou Anugrahu Prasaadh Santhan Kai Har Naamaa Hai Meethaa ||	He has shown mercy to me, by the Grace of the Saints; the Lord's Name is sweet to me.	ਹੇ ਮਿੱਤਰ! ਸੰਤ ਜਨਾਂ ਦੀ ਕਿਰਪਾ ਨਾਲ (ਜਿਸ ਮਨੁੱਖ ਉਤੇ ਪ੍ਰਭੂ ਦੀ) ਮੇਹਰ ਹੋਵੇ ਉਸ ਨੂੰ ਪਰਮਾਤਮਾ ਦਾ ਨਾਮ ਪਿਆਰਾ ਲੱਗਣ ਲੱਗ ਪੈਂਦਾ ਹੈ।
26640	612	ਜਨ ਨਾਨਕ ਕਉ ਗੁਰਿ ਕਿਰਪਾ ਧਾਰੀ ਸਭੁ ਅਕੁਲ ਨਿਰੰਜਨੁ ਡੀਠਾ॥੪॥੧॥੧੨॥	ਅ-ਕੁਲ:ਪੋਲਾ ਬੋਲੋ।	Jan Naanak Ko Gur Kirapaa Dhhaaree Sabh Akul Niranjan Ddeethaa ||4||1||12||	The Guru has shown mercy to servant Nanak; I see the casteless, immaculate Lord everywhere. ||4||1||12||	(ਹੇ ਮਿੱਤਰ!) ਦਾਸ ਨਾਨਕ ਉੱਤੇ ਗੁਰੂ ਨੇ ਕਿਰਪਾ ਕੀਤੀ ਤਾਂ (ਨਾਨਕ ਨੂੰ) ਹਰ ਥਾਂ ਉਹ ਪ੍ਰਭੂ ਦਿੱਸਣ ਲੱਗ ਪਿਆ, ਜਿਸ ਦੀ ਕੋਈ ਖ਼ਾਸ ਕੁਲ ਨਹੀਂ, ਤੇ, ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ ॥੪॥੧॥੧੨॥
26641	612	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26642	612	ਕੋਟਿ ਬ੍ਰਹਮੰਡ ਕੋ ਠਾਕੁਰੁ ਸੁਆਮੀ ਸਰਬ ਜੀਆ ਕਾ ਦਾਤਾ ਰੇ॥		Kott Brehamandd Ko Thaakur Suaamee Sarab Jeeaa Kaa Dhaathaa Rae ||	God is the Lord and Master of millions of universes; He is the Giver of all beings.	ਹੇ ਭਾਈ! ਜੇਹੜਾ ਕ੍ਰੋੜਾਂ ਬ੍ਰਹਮੰਡਾਂ ਦਾ ਪਾਲਣਹਾਰ ਮਾਲਕ ਹੈ, ਜੇਹੜਾ ਸਾਰੇ ਜੀਵਾਂ ਨੂੰ (ਰਿਜ਼ਕ ਆਦਿਕ) ਦਾਤਾਂ ਦੇਣ ਵਾਲਾ ਹੈ,

26643	612	ਪ੍ਰਤਿਪਾਲੈ ਨਿਤ ਸਾਰਿ ਸਮਾਲੈ ਇਕੁ ਗੁਨੁ ਨਹੀ ਮੂਰਖਿ ਜਾਤਾ ਰੇ॥੧॥		Prathipaalai Nith Saar Samaalai Eik Gun Nehee Moorakh Jaathaa Rae ||1||	He ever cherishes and cares for all beings, but the fool does not appreciate any of His virtues. ||1||	ਜੇਹੜਾ (ਸਭ ਜੀਵਾਂ ਨੂੰ) ਪਾਲਦਾ ਹੈ, ਸਦਾ (ਸਭ ਦੀ) ਸਾਰ ਲੈ ਕੇ ਸੰਭਾਲ ਕਰਦਾ ਹੈ, ਮੈਂ ਮੂਰਖ ਨੇ ਉਸ ਪਰਮਾਤਮਾ ਦਾ ਇੱਕ (ਭੀ) ਉਪਕਾਰ ਨਹੀਂ ਸਮਝਿਆ ॥੧॥
26644	612	ਹਰਿ ਆਰਾਧਿ ਨ ਜਾਨਾ ਰੇ॥		Har Aaraadhh N Jaanaa Rae ||	I do not know how to worship the Lord in adoration.	ਹੇ ਭਾਈ! ਮੈਨੂੰ ਪਰਮਾਤਮਾ ਦਾ ਸਿਮਰਨ ਕਰਨ ਦੀ ਜਾਚ ਨਹੀਂ।
26645	612	ਹਰਿ ਹਰਿ ਗੁਰੁ ਗੁਰੁ ਕਰਤਾ ਰੇ॥		Har Har Gur Gur Karathaa Rae ||	I can only repeat, ""Lord, Lord, Guru, Guru.""	ਮੈਂ (ਤਾਂ ਜ਼ਬਾਨੀ ਜ਼ਬਾਨੀ ਹੀ) 'ਹਰੀ ਹਰੀ', 'ਗੁਰੂ ਗੁਰੂ' ਕਰਦਾ ਰਹਿੰਦਾ ਹਾਂ।
26646	612	ਹਰਿ ਜੀਉ ਨਾਮੁ ਪਰਿਓ ਰਾਮਦਾਸੁ॥ਰਹਾਉ॥		Har Jeeo Naam Pariou Raamadhaas || Rehaao ||	O Dear Lord, I go by the name of the Lord's slave. ||Pause||	ਹੇ ਪ੍ਰਭੂ ਜੀ! ਮੇਰਾ ਨਾਮ "ਰਾਮ ਦਾ ਦਾਸ" ਪੈ ਗਿਆ ਹੈ (ਹੁਣ ਤੂੰ ਹੀ ਮੇਰੀ ਲਾਜ ਰੱਖ, ਤੇ, ਭਗਤੀ ਦੀ ਦਾਤਿ ਦੇਹ) ਰਹਾਉ॥
26647	612	ਦੀਨ ਦਇਆਲ ਕ੍ਰਿਪਾਲ ਸੁਖਸਾਗਰ ਸਰਬ ਘਟਾ ਭਰਪੂਰੀ ਰੇ॥		Dheen Dhaeiaal Kirapaal Sukh Saagar Sarab Ghattaa Bharapooree Rae ||	The Compassionate Lord is Merciful to the meek, the ocean of peace; He fills all hearts.	ਹੇ ਭਾਈ! ਜੇਹੜਾ ਪ੍ਰਭੂ ਗ਼ਰੀਬਾਂ ਉਤੇ ਦਇਆ ਕਰਨ ਵਾਲਾ ਹੈ, ਜੇਹੜਾ ਦਇਆ ਦਾ ਘਰ ਹੈ, ਜੇਹੜਾ ਸੁਖਾਂ ਦਾ ਸਮੁੰਦਰ ਹੈ, ਜੇਹੜਾ ਸਾਰੇ ਸਰੀਰਾਂ ਵਿਚ ਹਰ ਥਾਂ ਮੌਜੂਦ ਹੈ,

26648	612	ਪੇਖਤ ਸੁਨਤ ਸਦਾ ਹੈ ਸੰਗੇ ਮੈ ਮੂਰਖ ਜਾਨਿਆ ਦੂਰੀ ਰੇ॥੨॥		Paekhath Sunath Sadhaa Hai Sangae Mai Moorakh Jaaniaa Dhooree Rae ||2||	He sees, hears, and is always with me; but I am a fool, and I think that He is far away. ||2||	ਜੇਹੜਾ ਸਭ ਜੀਵਾਂ ਦੇ ਅੰਗ-ਸੰਗ ਰਹਿ ਕੇ ਸਭਨਾਂ ਦੇ ਕਰਮ ਵੇਖਦਾ ਹੈ ਤੇ (ਸਭ ਦੀਆਂ ਅਰਜ਼ੋਈਆਂ) ਸੁਣਦਾ ਰਹਿੰਦਾ ਹੈ, ਮੈਂ ਮੂਰਖ ਉਸ ਪਰਮਾਤਮਾ ਨੂੰ ਕਿਤੇ ਦੂਰ-ਵੱਸਦਾ ਸਮਝ ਰਿਹਾ ਹਾਂ ॥੨॥
26649	612	ਹਰਿ ਬਿਅੰਤੁ ਹਉ ਮਿਤਿ ਕਰਿ ਵਰਨਉ ਕਿਆ ਜਾਨਾ ਹੋਇ ਕੈਸੋ ਰੇ॥	(ਮਿਤਿ) ਹੱਦਬੰਦੀ	Har Bianth Ho Mith Kar Varano Kiaa Jaanaa Hoe Kaiso Rae ||	The Lord is limitless, but I can only describe Him within my limitations; what do I know, about what He is like?	ਹੇ ਭਾਈ! ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਪਰ ਮੈਂ ਉਸ ਦੇ ਗੁਣਾਂ ਨੂੰ ਹੱਦ-ਬੰਦੀ ਵਿਚ ਲਿਆ ਕੇ ਬਿਆਨ ਕਰਦਾ ਹਾਂ। ਮੈਂ ਕੀਹ ਜਾਣ ਸਕਦਾ ਹਾਂ ਕਿ ਉਹ ਪਰਮਾਤਮਾ ਕਿਹੋ ਜਿਹਾ ਹੈ?
26650	612	ਕਰਉ ਬੇਨਤੀ ਸਤਿਗੁਰ ਅਪੁਨੇ ਮੈ ਮੂਰਖ ਦੇਹੁ ਉਪਦੇਸੋ ਰੇ॥੩॥		Karo Baenathee Sathigur Apunae Mai Moorakh Dhaehu Oupadhaeso Rae ||3||	I offer my prayer to my True Guru; I am so foolish - please, teach me! ||3||	ਹੇ ਭਾਈ! ਮੈਂ ਆਪਣੇ ਗੁਰੂ ਦੇ ਪਾਸ ਬੇਨਤੀ ਕਰਦਾ ਹਾਂ ਕਿ ਮੈਨੂੰ ਮੂਰਖ ਨੂੰ ਸਿੱਖਿਆ ਦੇਵੇ ॥੩॥
26651	612	ਮੈ ਮੂਰਖ ਕੀ ਕੇਤਕ ਬਾਤ ਹੈ ਕੋਟਿ ਪਰਾਧੀ ਤਰਿਆ ਰੇ॥		Mai Moorakh Kee Kaethak Baath Hai Kott Paraadhhee Thariaa Rae ||	I am just a fool, but millions of sinners just like me have been saved.	ਹੇ ਭਾਈ! ਮੈਨੂੰ ਮੂਰਖ ਨੂੰ ਪਾਰ ਲੰਘਾਣਾ (ਗੁਰੂ ਵਾਸਤੇ) ਕੋਈ ਵੱਡੀ ਗੱਲ ਨਹੀਂ (ਉਸ ਦੇ ਦਰ ਤੇ ਆ ਕੇ ਤਾਂ) ਕ੍ਰੋੜਾਂ ਪਾਪੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਰਹੇ ਹਨ।

26652	612	ਗੁਰੁ ਨਾਨਕੁ ਜਿਨ ਸੁਣਿਆ ਪੇਖਿਆ ਸੇ ਫਿਰਿ ਗਰਭਾਸਿ ਨ ਪਰਿਆ ਰੇ॥੪॥੨॥੧੩॥		Gur Naanak Jin Suniaa Paekhiaa Sae Fir Garabhaas N Pariaa Rae ||4||2||13||	Those who have heard, and seen Guru Nanak, do not descend into the womb of reincarnation again. ||4||2||13||	ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਗੁਰੂ ਨਾਨਕ (ਦੇ ਉਪਦੇਸ਼) ਨੂੰ ਸੁਣਿਆ ਹੈ ਗੁਰੂ ਨਾਨਕ ਦਾ ਦਰਸ਼ਨ ਕੀਤਾ ਹੈ, ਉਹ ਮੁੜ ਕਦੇ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦੇ ॥੪॥੨॥੧੩॥
26653	612	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26654	612	ਜਿਨਾ ਬਾਤ ਕੋ ਬਹੁਤੁ ਅੰਦੇਸਰੋ ਤੇ ਮਿਟੇ ਸਭਿ ਗਇਆ॥		Jinaa Baath Ko Bahuth Andhaesaro Thae Mittae Sabh Gaeiaa ||	Those things, which caused me such anxiety, have all vanished.	ਹੇ ਭਾਈ! ਜਿਨ੍ਹਾਂ ਗੱਲਾਂ ਦਾ ਮੈਨੂੰ ਬਹੁਤ ਚਿੰਤਾ-ਫ਼ਿਕਰ ਲੱਗਾ ਰਹਿੰਦਾ ਸੀ (ਗੁਰੂ ਦੀ ਕਿਰਪਾ ਨਾਲ) ਉਹ ਸਾਰੇ ਚਿੰਤਾ-ਫ਼ਿਕਰ ਮਿਟ ਗਏ ਹਨ।
26655	612	ਸਹਜ ਸੈਨ ਅਰੁ ਸੁਖਮਨ ਨਾਰੀ ਊਧ ਕਮਲ ਬਿਗਸਇਆ॥੧॥	(ਸਹਜ)ਸ਼ਾਂਤੀ ਚ। (ਸੈਨ)ਬਿਰਾਜਦਾ ਹਾਂ। (ਸੁਖਮਨ) ਮਨ ਨੂੰ ਸੁਖ ਦੇਣ ਵਾਲੀ ਪ੍ਰੇਮਾ-ਭਗਤੀ ਰੂਪ ਨਾਰੀ। (ਸੁਖਮਨ)ਮਨ ਸ਼੍ਰੋਮਣੀ ਸੁਖ ਸਰੂਪ ਬ੍ਰਹਮ ਜੀ ਦੀ ਨਾਰੀ ਬਣ ਕੇ। ਬਿਗ-ਸਇਆ:ਪੋਲਾ ਬੋਲੋ	Sehaj Sain Ar Sukhaman Naaree Oodhh Kamal Bigasaeiaa ||1||	Now, I sleep in peace and tranquility, and my mind is in a state of deep and profound peace; the inverted lotus of my heart has blossomed forth. ||1||	ਮੇਰਾ ਪੁੱਠਾ ਪਿਆ ਹੋਇਆ ਹਿਰਦਾ-ਕੌਲ ਫੁੱਲ ਖਿੜ ਪਿਆ ਹੈ, ਆਤਮਕ ਅਡੋਲਤਾ ਵਿਚ ਮੇਰੀ ਲੀਨਤਾ ਹੋਈ ਰਹਿੰਦੀ ਹੈ, ਅਤੇ, ਮੇਰੀਆਂ ਸਾਰੀਆਂ ਇੰਦ੍ਰੀਆਂ ਹੁਣ ਮੇਰੇ ਮਨ ਨੂੰ ਆਤਮਕ ਸੁਖ ਦੇਣ ਵਾਲੀਆਂ ਹੋ ਗਈਆਂ ਹਨ ॥੧॥

26656	612	ਦੇਖਹੁ ਅਚਰਜੁ ਭਇਆ॥	ਅ-ਚਰਜੁ	Dhaekhahu Acharaj Bhaeiaa ||	Behold, a wondrous miracle has happened!	ਹੇ ਭਾਈ! ਵੇਖੋ (ਮੇਰੇ ਅੰਦਰ) ਇਕ ਅਨੋਖਾ ਕੌਤਕ ਵਰਤਿਆ ਹੈ।
26657	612	ਜਿਹ ਠਾਕੁਰ ਕਉ ਸੁਨਤ ਅਗਾਧਿ ਬੋਧਿ ਸੋ ਰਿਦੈ ਗੁਰਿ ਦਇਆ॥ਰਹਾਉ॥		Jih Thaakur Ko Sunath Agaadhh Bodhh So Ridhai Gur Dhaeiaa || Rehaao ||	That Lord and Master, whose wisdom is said to be unfathomable, has been enshrined within my heart, by the Guru. ||Pause||	ਗੁਰੂ ਨੇ (ਮੈਨੂੰ ਮੇਰੇ) ਹਿਰਦੇ ਵਿਚ ਉਹ ਪਰਮਾਤਮਾ (ਵਿਖਾ) ਦਿੱਤਾ ਹੈ ਜਿਸ ਦੀ ਬਾਬਤ ਸੁਣਦੇ ਸਾਂ ਕਿ ਉਹ ਮਨੁੱਖਾ ਸਮਝ ਤੋਂ ਬਹੁਤ ਪਰੇ ਹੈ ਰਹਾਉ॥
26658	612	ਜੋਇ ਦੂਤ ਮੋਹਿ ਬਹੁਤੁ ਸੰਤਾਵਤ ਤੇ ਭਇਆਨਕ ਭਇਆ॥	ਭ-ਇਆਨਕ। ਭ-ਇਆ	Joe Dhooth Mohi Bahuth Santhaavath Thae Bhaeiaanak Bhaeiaa ||	The demons which tormented me so much, have themselves become terrified.	ਹੇ ਭਾਈ! ਜੇਹੜੇ (ਕਾਮਾਦਿਕ) ਵੈਰੀ ਮੈਨੂੰ ਬਹੁਤ ਸਤਾਇਆ ਕਰਦੇ ਸਨ, ਉਹ ਹੁਣ (ਮੇਰੇ ਨੇੜੇ ਢੁਕਣੋਂ) ਡਰਦੇ ਹਨ,
26659	612	ਕਰਹਿ ਬੇਨਤੀ ਰਾਖੁ ਠਾਕੁਰ ਤੇ ਹਮ ਤੇਰੀ ਸਰਨਇਆ॥੨॥	ਸਰਨਇਆ	Karehi Baenathee Raakh Thaakur Thae Ham Thaeree Saranaeiaa ||2||	They pray: please, save us from your Lord Master; we seek your protection. ||2||	ਉਹ ਸਗੋਂ ਤਰਲੇ ਕਰਦੇ ਹਨ ਕਿ ਅਸੀਂ ਹੁਣ ਤੇਰੇ ਅਧੀਨ ਹੋ ਕੇ ਰਹਾਂਗੇ, ਸਾਨੂੰ ਮਾਲਕ-ਪ੍ਰਭੂ (ਦੀ ਕ੍ਰੋਪੀ) ਤੋਂ ਬਚਾ ਲੈ ॥੨॥

26660	612	ਜਹ ਭੰਡਾਰੁ ਗੋਬਿੰਦ ਕਾ ਖੁਲਿਆ ਜਿਹ ਪ੍ਰਾਪਤਿ ਤਿਹ ਲਇਆ॥		Jeh Bhanddaar Gobindh Kaa Khuliaa Jih Praapath Thih Laeiaa ||	When the treasure of the Lord of the Universe is opened, those who are pre-destined, receive it.	ਹੇ ਭਾਈ! (ਮੇਰੇ ਅੰਦਰ ਉਹ ਕੌਤਕ ਅਜੇਹਾ ਵਰਤਿਆ ਹੈ) ਕਿ ਉਸ ਅਵਸਥਾ ਵਿਚ ਪਰਮਾਤਮਾ (ਦੀ ਭਗਤੀ) ਦਾ ਖ਼ਜ਼ਾਨਾ (ਮੇਰੇ ਅੰਦਰ) ਖੁਲ੍ਹ ਪਿਆ ਹੈ। ਪਰ (ਹੇ ਭਾਈ! ਇਹ ਖ਼ਜ਼ਾਨਾ) ਉਸ ਮਨੁੱਖ ਨੂੰ ਹੀ ਮਿਲਦਾ ਹੈ ਜਿਸ ਦੇ ਭਾਗਾਂ ਵਿਚ ਇਸ ਦੀ ਪ੍ਰਾਪਤੀ ਲਿਖੀ ਹੋਈ ਹੈ।
26661	612	ਏਕੁ ਰਤਨੁ ਮੋਕਉ ਗੁਰਿ ਦੀਨਾ ਮੇਰਾ ਮਨੁ ਤਨੁ ਸੀਤਲੁ ਥਿਆ॥੩॥		Eaek Rathan Mo Ko Gur Dheenaa Maeraa Man Than Seethal Thhiaa ||3||	The Guru has given me the one jewel, and my mind and body have become peaceful and tranquil. ||3||	ਹੇ ਭਾਈ! ਗੁਰੂ ਨੇ ਮੈਨੂੰ (ਪਰਮਾਤਮਾ ਦਾ ਨਾਮ) ਇਕ ਐਸਾ ਰਤਨ ਦੇ ਦਿੱਤਾ ਹੈ ਕਿ (ਉਸ ਦੀ ਬਰਕਤਿ ਨਾਲ) ਮੇਰਾ ਮਨ ਠੰਢਾ-ਠਾਰ ਹੋ ਗਿਆ ਹੈ, ਮੇਰਾ ਸਰੀਰ ਸ਼ਾਂਤ ਹੋ ਗਿਆ ਹੈ ॥੩॥
26662	612	ਏਕ ਬੂੰਦ ਗੁਰਿ ਅੰਮ੍ਰਿਤੁ ਦੀਨੋ ਤਾ ਅਟਲੁ ਅਮਰੁ ਨ ਮੁਆ॥	ਅ-ਟਲੁ	Eaek Boondh Gur Anmrith Dheeno Thaa Attal Amar N Muaa ||	The Guru has blessed me with the one drop of Ambrosial Nectar, and so I have become stable, unmoving and immortal - I shall not die.	ਹੇ ਭਾਈ! ਗੁਰੂ ਨੇ ਮੈਨੂੰ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ ਇਕ ਬੂੰਦ ਦਿੱਤੀ ਹੈ, ਹੁਣ ਮੇਰਾ ਆਤਮਾ (ਵਿਕਾਰਾਂ ਵਲੋਂ) ਅਡੋਲ ਹੋ ਗਿਆ ਹੈ, ਆਤਮਕ ਮੌਤ ਤੋਂ ਮੈਂ ਬਚ ਗਿਆ ਹਾਂ, ਆਤਮਕ ਮੌਤ ਮੇਰੇ ਨੇੜੇ ਨਹੀਂ ਢੁਕਦੀ।

26663	612	ਭਗਤਿ ਭੰਡਾਰ ਗੁਰਿ ਨਾਨਕ ਕਉ ਸਉਪੇ ਫਿਰਿ ਲੇਖਾ ਮੂਲਿ ਨ ਲਇਆ॥੪॥੩॥੧੪॥		Bhagath Bhanddaar Gur Naanak Ko Soupae Fir Laekhaa Mool N Laeiaa ||4||3||14||	The Lord blessed Guru Nanak with the treasure of devotional worship, and did not call him to account again. ||4||3||14||	ਹੇ ਭਾਈ! (ਜਦੋਂ ਤੋਂ) ਗੁਰੂ ਨੇ ਨਾਨਕ ਨੂੰ ਪਰਮਾਤਮਾ ਦੀ ਭਗਤੀ ਦੇ ਖ਼ਜ਼ਾਨੇ ਬਖ਼ਸ਼ ਦਿੱਤੇ ਹਨ, ਉਸ ਤੋਂ ਪਿੱਛੋਂ ਕੀਤੇ ਕਰਮਾਂ ਦਾ ਹਿਸਾਬ ਉੱਕਾ ਹੀ ਨਹੀਂ ਮੰਗਿਆ ॥੪॥੩॥੧੪॥
26664	612	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26665	612	ਚਰਨਕਮਲ ਸਿਉ ਜਾ ਕਾ ਮਨੁ ਲੀਨਾ ਸੇ ਜਨ ਤ੍ਰਿਪਤਿ ਅਘਾਈ॥		Charan Kamal Sio Jaa Kaa Man Leenaa Sae Jan Thripath Aghaaee ||	Those whose minds are attached to the lotus feet of the Lord - those humble beings are satisfied and fulfilled.	ਹੇ ਭਾਈ! ਜਿਨ੍ਹਾਂ ਮਨੁੱਖਾਂ ਦਾ ਮਨ ਪ੍ਰਭੂ ਦੇ ਕੋਲ ਫੁੱਲਾਂ ਵਰਗੇ ਕੋਮਲ ਚਰਨਾਂ ਨਾਲ ਪਰਚ ਜਾਂਦਾ ਹੈ, ਉਹ ਮਨੁੱਖ (ਮਾਇਆ ਵਲੋਂ) ਪੂਰੇ ਤੌਰ ਤੇ ਸੰਤੋਖੀ ਰਹਿੰਦੇ ਹਨ।
26666	612	ਗੁਣ ਅਮੋਲ ਜਿਸੁ ਰਿਦੈ ਨ ਵਸਿਆ ਤੇ ਨਰ ਤ੍ਰਿਸਨ ਤ੍ਰਿਖਾਈ॥੧॥		Gun Amol Jis Ridhai N Vasiaa Thae Nar Thrisan Thrikhaaee ||1||	But those, within whose hearts the priceless virtue does not abide - those men remain thirsty and unsatisfied. ||1||	ਪਰ ਜਿਸ ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦੇ ਅਮੋਲਕ ਗੁਣ ਨਹੀਂ ਆ ਵੱਸਦੇ, ਉਹ ਮਨੁੱਖ ਮਾਇਆ ਦੀ ਤ੍ਰਿਸ਼ਨਾ ਵਿਚ ਫਸੇ ਰਹਿੰਦੇ ਹਨ ॥੧॥
26667	612	ਹਰਿ ਆਰਾਧੇ ਅਰੋਗ ਅਨਦਾਈ॥	(ਅਨਦਾਈ) ਅਨੰਦਿਤ	Har Aaraadhae Arog Anadhaaee ||	Worshipping the Lord in adoration, one becomes happy, and free of disease.	ਹੇ ਭਾਈ! ਪਰਮਾਤਮਾ ਦਾ ਆਰਾਧਨ ਕਰਨ ਨਾਲ ਨਰੋਏ ਹੋ ਜਾਈਦਾ ਹੈ, ਆਤਮਕ ਅਨੰਦ ਬਣਿਆ ਰਹਿੰਦਾ ਹੈ।

26668	612	ਜਿਸ ਨੋ ਵਿਸਰੈ ਮੇਰਾ ਰਾਮ ਸਨੇਹੀ ਤਿਸੁ ਲਾਖ ਬੇਦਨ ਜਣੁ ਆਈ॥ਰਹਾਉ॥	(ਬੇਦਨ) ਦੁੱਖ। (ਜਣੁ) ਜਾਣੋ	Jis No Visarai Maeraa Raam Sanaehee This Laakh Baedhan Jan Aaee || Rehaao ||	But one who forgets my Dear Lord - know him to be afflicted with tens of thousands of illnesses. ||Pause||	ਪਰ ਜਿਸ ਮਨੁੱਖ ਨੂੰ ਮੇਰਾ ਪਿਆਰਾ ਪ੍ਰਭੂ ਭੁੱਲ ਜਾਂਦਾ ਹੈ, ਉਸ ਉਤੇ (ਇਉਂ) ਜਾਣੋ (ਜਿਵੇਂ) ਲੱਖਾਂ ਤਕਲੀਫ਼ਾਂ ਆ ਪੈਂਦੀਆਂ ਹਨ ਰਹਾਉ॥
26669	613	ਜਿਹ ਜਨ ਓਟ ਗਹੀ ਪ੍ਰਭ ਤੇਰੀ ਸੇ ਸੁਖੀਏ ਪ੍ਰਭ ਸਰਣੇ॥		Jih Jan Outt Gehee Prabh Thaeree Sae Sukheeeae Prabh Saranae ||	Those who hold tightly to Your Support, God, are happy in Your Sanctuary.	ਹੇ ਪ੍ਰਭੂ! ਜਿਨ੍ਹਾਂ ਮਨੁੱਖਾਂ ਨੇ ਤੇਰਾ ਆਸਰਾ ਲਿਆ, ਉਹ ਤੇਰੀ ਸ਼ਰਨ ਵਿਚ ਰਹਿ ਕੇ ਸੁਖ ਮਾਣਦੇ ਹਨ।
26670	613	ਜਿਹ ਨਰ ਬਿਸਰਿਆ ਪੁਰਖੁ ਬਿਧਾਤਾ ਤੇ ਦੁਖੀਆ ਮਹਿ ਗਨਣੇ॥੨॥		Jih Nar Bisariaa Purakh Bidhhaathaa Thae Dhukheeaa Mehi Gananae ||2||	But those humble beings who forget the Primal Lord, the Architect of Destiny, are counted among the most miserable beings. ||2||	ਪਰ, ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਸਰਬ-ਵਿਆਪਕ ਕਰਤਾਰ ਭੁੱਲ ਜਾਂਦਾ ਹੈ, ਉਹ ਮਨੁੱਖ ਦੁਖੀਆਂ ਵਿਚ ਗਿਣੇ ਜਾਂਦੇ ਹਨ ॥੨॥
26671	613	ਜਿਹ ਗੁਰ ਮਾਨਿ ਪ੍ਰਭੂ ਲਿਵ ਲਾਈ ਤਿਹ ਮਹਾ ਅਨੰਦ ਰਸੁ ਕਰਿਆ॥		Jih Gur Maan Prabhoo Liv Laaee Thih Mehaa Anandh Ras Kariaa ||	One who has faith in the Guru, and who is lovingly attached to God, enjoys the delights of supreme ecstasy.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਆਗਿਆ ਮੰਨ ਕੇ ਪਰਮਾਤਮਾ ਵਿਚ ਸੁਰਤਿ ਜੋੜ ਲਈ, ਉਹਨਾਂ ਨੇ ਬੜਾ ਆਨੰਦ ਬੜਾ ਰਸ ਮਾਣਿਆ।

26672	613	ਜਿਹ ਪ੍ਰਭੂ ਬਿਸਾਰਿ ਗੁਰ ਤੇ ਬੇਮੁਖਾਈ ਤੇ ਨਰਕ ਘੋਰ ਮਹਿ ਪਰਿਆ॥੩॥		Jih Prabhoo Bisaar Gur Thae Baemukhaaee Thae Narak Ghor Mehi Pariaa ||3||	One who forgets God and forsakes the Guru, falls into the most horrible hell. ||3||	ਪਰ ਜੇਹੜੇ ਮਨੁੱਖ ਪਰਮਾਤਮਾ ਨੂੰ ਭੁਲਾ ਕੇ ਗੁਰੂ ਵਲੋਂ ਮੂੰਹ ਮੋੜੀ ਰੱਖਦੇ ਹਨ ਉਹ ਭਿਆਨਕ ਨਰਕ ਵਿਚ ਪਏ ਰਹਿੰਦੇ ਹਨ ॥੩॥
26673	613	ਜਿਤੁ ਕੋ ਲਾਇਆ ਤਿਤ ਹੀ ਲਾਗਾ ਤੈਸੋ ਹੀ ਵਰਤਾਰਾ॥		Jith Ko Laaeiaa Thith Hee Laagaa Thaiso Hee Varathaaraa ||	As the Lord engages someone, so he is engaged, and so does he perform.	(ਪਰ ਜੀਵਾਂ ਦੇ ਕੀਹ ਵੱਸ?) ਜਿਸ ਕੰਮ ਵਿਚ ਪਰਮਾਤਮਾ ਕਿਸੇ ਜੀਵ ਨੂੰ ਲਾਂਦਾ ਹੈ ਉਸੇ ਕੰਮ ਵਿਚ ਹੀ ਉਹ ਲੱਗਾ ਰਹਿੰਦਾ ਹੈ, ਹਰੇਕ ਜੀਵ ਉਹੋ ਜਿਹੀ ਵਰਤੋਂ ਹੀ ਕਰਦਾ ਹੈ।
26674	613	ਨਾਨਕ ਸਹ ਪਕਰੀ ਸੰਤਨ ਕੀ ਰਿਦੈ ਭਏ ਮਗਨ ਚਰਨਾਰਾ॥੪॥੪॥੧੫॥	(ਸਹ) ਓਟ	Naanak Seh Pakaree Santhan Kee Ridhai Bheae Magan Charanaaraa ||4||4||15||	Nanak has taken to the Shelter of the Saints; his heart is absorbed in the Lord's feet. ||4||4||15||	ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੇ (ਪ੍ਰਭੂ ਦੀ ਪ੍ਰੇਰਨਾ ਨਾਲ) ਸੰਤ ਜਨਾਂ ਦਾ ਆਸਰਾ ਲਿਆ ਹੈ ਉਹ ਅੰਦਰੋਂ ਪ੍ਰਭੂ ਦੇ ਚਰਨਾਂ ਵਿਚ ਹੀ ਮਸਤ ਰਹਿੰਦੇ ਹਨ ॥੪॥੪॥੧੫॥
26675	613	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26676	613	ਰਾਜਨ ਮਹਿ ਰਾਜਾ ਉਰਝਾਇਓ ਮਾਨਨ ਮਹਿ ਅਭਿਮਾਨੀ॥		Raajan Mehi Raajaa Ourajhaaeiou Maanan Mehi Abhimaanee ||	As the king is entangled in kingly affairs, and the egotist in his own egotism,	(ਹੇ ਭਾਈ! ਜਿਵੇਂ) ਰਾਜ ਦੇ ਕੰਮਾਂ ਵਿਚ ਰਾਜਾ ਮਗਨ ਰਹਿੰਦਾ ਹੈ, ਜਿਵੇਂ ਮਾਣ ਵਧਾਣ ਵਾਲੇ ਕੰਮਾਂ ਵਿਚ ਆਦਰ-ਮਾਣ ਦਾ ਭੁੱਖਾ ਮਨੁੱਖ ਪਰਚਿਆ ਰਹਿੰਦਾ ਹੈ,

26677	613	ਲੋਭਨ ਮਹਿ ਲੋਭੀ ਲੋਭਾਇਓ ਤਿਉ ਹਰਿ ਰੰਗਿ ਰਚੇ ਗਿਆਨੀ॥੧॥		Lobhan Mehi Lobhee Lobhaaeiou Thio Har Rang Rachae Giaanee ||1||	And the greedy man is enticed by greed, so is the spiritually enlightened being absorbed in the Love of the Lord. ||1||	ਜਿਵੇਂ ਲਾਲਚੀ ਮਨੁੱਖ ਲਾਲਚ ਵਧਾਣ ਵਾਲੇ ਆਹਰਾਂ ਵਿਚ ਫਸਿਆ ਰਹਿੰਦਾ ਹੈ, ਤਿਵੇਂ ਆਤਮਕ ਜੀਵਨ ਦੀ ਸੂਝ ਵਾਲਾ ਮਨੁੱਖ ਪ੍ਰਭੂ ਦੇ ਪ੍ਰੇਮ-ਰੰਗ ਵਿਚ ਮਸਤ ਰਹਿੰਦਾ ਹੈ ॥੧॥
26678	613	ਹਰਿ ਜਨ ਕਉ ਇਹੀ ਸੁਹਾਵੈ॥		Har Jan Ko Eihee Suhaavai ||	This is what befits the Lord's servant.	ਪਰਮਾਤਮਾ ਦੇ ਭਗਤ ਨੂੰ ਇਹੀ ਕਾਰ ਚੰਗੀ ਲੱਗਦੀ ਹੈ।
26679	613	ਪੇਖਿ ਨਿਕਟਿ ਕਰਿ ਸੇਵਾ ਸਤਿਗੁਰ ਹਰਿ ਕੀਰਤਨਿ ਹੀ ਤ੍ਰਿਪਤਾਵੈ॥ਰਹਾਉ॥		Paekh Nikatt Kar Saevaa Sathigur Har Keerathan Hee Thripathaavai || Rehaao ||	Beholding the Lord near at hand, he serves the True Guru, and he is satisfied through the Kirtan of the Lord's Praises. ||Pause||	(ਭਗਤ ਪਰਮਾਤਮਾ ਨੂੰ) ਅੰਗ-ਸੰਗ ਵੇਖ ਕੇ, ਤੇ, ਗੁਰੂ ਦੀ ਸੇਵਾ ਕਰਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਵਿਚ ਹੀ ਪ੍ਰਸੰਨ ਰਹਿੰਦਾ ਹੈ ਰਹਾਉ॥
26680	613	ਅਮਲਨ ਸਿਉ ਅਮਲੀ ਲਪਟਾਇਓ ਭੂਮਨ ਭੂਮਿ ਪਿਆਰੀ॥		Amalan Sio Amalee Lapattaaeiou Bhooman Bhoom Piaaree ||	The addict is addicted to his drug, and the landlord is in love with his land.	ਹੇ ਭਾਈ! ਨਸ਼ਿਆਂ ਦਾ ਪ੍ਰੇਮੀ ਮਨੁੱਖ ਨਸ਼ਿਆਂ ਨਾਲ ਚੰਬੜਿਆ ਰਹਿੰਦਾ ਹੈ, ਜ਼ਮੀਨ ਦੇ ਮਾਲਕਾਂ ਨੂੰ ਜ਼ਮੀਨ ਪਿਆਰੀ ਲੱਗਦੀ ਹੈ।

26681	613	ਖੀਰ ਸੰਗਿ ਬਾਰਿਕੁ ਹੈ ਲੀਨਾ ਪ੍ਰਭ ਸੰਤ ਐਸੇ ਹਿਤਕਾਰੀ॥੨॥		Kheer Sang Baarik Hai Leenaa Prabh Santh Aisae Hithakaaree ||2||	As the baby is attached to his milk, so the Saint is in love with God. ||2||	ਬੱਚਾ ਦੁੱਧ ਨਾਲ ਪਰਚਿਆ ਰਹਿੰਦਾ ਹੈ। ਇਸੇ ਤਰ੍ਹਾਂ ਸੰਤ ਜਨ ਪਰਮਾਤਮਾ ਨਾਲ ਪਿਆਰ ਕਰਦੇ ਹਨ ॥੨॥
26682	613	ਬਿਦਿਆ ਮਹਿ ਬਿਦੁਅੰਸੀ ਰਚਿਆ ਨੈਨ ਦੇਖਿ ਸੁਖੁ ਪਾਵਹਿ॥	(ਬਿੱਦੁ-ਅੰਸੀ) ਵਿਦਿਆਰਥੀ। ਬਿੱਦਿਆ	Bidhiaa Mehi Bidhuansee Rachiaa Nain Dhaekh Sukh Paavehi ||	The scholar is absorbed in scholarship, and the eyes are happy to see.	ਹੇ ਭਾਈ! ਵਿਦਵਾਨ ਮਨੁੱਖ ਵਿੱਦਿਆ (ਪੜ੍ਹਨ ਪੜਾਣ) ਵਿਚ ਖ਼ੁਸ਼ ਰਹਿੰਦਾ ਹੈ, ਅੱਖਾਂ (ਪਦਾਰਥ) ਵੇਖ ਵੇਖ ਕੇ ਸੁਖ ਮਾਣਦੀਆਂ ਹਨ।
26683	613	ਜੈਸੇ ਰਸਨਾ ਸਾਦਿ ਲੁਭਾਨੀ ਤਿਉ ਹਰਿ ਜਨ ਹਰਿ ਗੁਣ ਗਾਵਹਿ॥੩॥		Jaisae Rasanaa Saadh Lubhaanee Thio Har Jan Har Gun Gaavehi ||3||	As the tongue savors the tastes, so does the humble servant of the Lord sing the Glorious Praises of the Lord. ||3||	ਹੇ ਭਾਈ! ਜਿਵੇਂ ਜੀਭ (ਸੁਆਦਲੇ ਪਦਾਰਥਾਂ ਦੇ) ਸੁਆਦ (ਚੱਖਣ) ਵਿਚ ਖ਼ੁਸ਼ ਰਹਿੰਦੀ ਹੈ, ਤਿਵੇਂ ਪ੍ਰਭੂ ਦੇ ਭਗਤ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਹਨ ॥੩॥
26684	613	ਜੈਸੀ ਭੂਖ ਤੈਸੀ ਕਾ ਪੂਰਕੁ ਸਗਲ ਘਟਾ ਕਾ ਸੁਆਮੀ॥		Jaisee Bhookh Thaisee Kaa Poorak Sagal Ghattaa Kaa Suaamee ||	As is the hunger, so is the fulfiller; He is the Lord and Master of all hearts.	ਹੇ ਭਾਈ! ਸਾਰੇ ਸਰੀਰਾਂ ਦਾ ਮਾਲਕ ਪ੍ਰਭੂ ਜਿਹੋ ਜਿਹੀ ਕਿਸੇ ਜੀਵ ਦੀ ਲਾਲਸਾ ਹੋਵੇ ਉਹੋ ਜਿਹੀ ਹੀ ਪੂਰੀ ਕਰਨ ਵਾਲਾ ਹੈ।

26685	613	ਨਾਨਕ ਪਿਆਸ ਲਗੀ ਦਰਸਨ ਕੀ ਪ੍ਰਭੁ ਮਿਲਿਆ ਅੰਤਰਜਾਮੀ॥੪॥੫॥੧੬॥		Naanak Piaas Lagee Dharasan Kee Prabh Miliaa Antharajaamee ||4||5||16||	Nanak thirsts for the Blessed Vision of the Lord's Darshan; he has met God, the Inner-knower, the Searcher of hearts. ||4||5||16||	ਹੇ ਨਾਨਕ! (ਜਿਸ ਮਨੁੱਖ ਨੂੰ) ਪਰਮਾਤਮਾ ਦੇ ਦਰਸਨ ਦੀ ਪਿਆਸ ਲੱਗਦੀ ਹੈ, ਉਸ ਮਨੁੱਖ ਨੂੰ ਦਿਲ ਦੀ ਜਾਣਨ ਵਾਲਾ ਪਰਮਾਤਮਾ (ਆਪ) ਆ ਮਿਲਦਾ ਹੈ ॥੪॥੫॥੧੬॥
26686	613	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26687	613	ਹਮ ਮੈਲੇ ਤੁਮ ਊਜਲ ਕਰਤੇ ਹਮ ਨਿਰਗੁਨ ਤੂ ਦਾਤਾ॥		Ham Mailae Thum Oojal Karathae Ham Niragun Thoo Dhaathaa ||	We are filthy, and You are immaculate, O Creator Lord; we are worthless, and You are the Great Giver.	ਹੇ ਪ੍ਰਭੂ! ਅਸੀਂ ਜੀਵ ਵਿਕਾਰਾਂ ਦੀ ਮੈਲ ਨਾਲ ਭਰੇ ਰਹਿੰਦੇ ਹਾਂ, ਤੂੰ ਸਾਨੂੰ ਪਵਿੱਤਰ ਕਰਨ ਵਾਲਾ ਹੈਂ। ਅਸੀਂ ਗੁਣ-ਹੀਨ ਹਾਂ, ਤੂੰ ਸਾਨੂੰ ਗੁਣ ਬਖ਼ਸ਼ਣ ਵਾਲਾ ਹੈਂ।
26688	613	ਹਮ ਮੂਰਖ ਤੁਮ ਚਤੁਰ ਸਿਆਣੇ ਤੂ ਸਰਬ ਕਲਾ ਕਾ ਗਿਆਤਾ॥੧॥		Ham Moorakh Thum Chathur Siaanae Thoo Sarab Kalaa Kaa Giaathaa ||1||	We are fools, and You are wise and all-knowing. You are the knower of all things. ||1||	ਅਸੀਂ ਜੀਵ ਮੂਰਖ ਹਾਂ, ਤੂੰ ਦਾਨਾ ਹੈਂ ਤੂੰ ਸਿਆਣਾ ਹੈਂ ਤੂੰ (ਸਾਨੂੰ ਚੰਗਾ ਬਣਾ ਸਕਣ ਵਾਲੇ) ਸਾਰੇ ਹੁਨਰਾਂ ਦਾ ਜਾਣਨ ਵਾਲਾ ਹੈਂ ॥੧॥
26689	613	ਮਾਧੋ ਹਮ ਐਸੇ ਤੂ ਐਸਾ॥		Maadhho Ham Aisae Thoo Aisaa ||	O Lord, this is what we are, and this is what You are.	ਹੇ ਪ੍ਰਭੂ! ਅਸੀਂ ਜੀਵ ਇਹੋ ਜਿਹੇ (ਵਿਕਾਰੀ) ਹਾਂ, ਤੇ, ਤੂੰ ਇਹੋ ਜਿਹਾ (ਉਪਕਾਰੀ) ਹੈਂ।

26690	613	ਹਮ ਪਾਪੀ ਤੁਮ ਪਾਪ ਖੰਡਨ ਨੀਕੋ ਠਾਕੁਰ ਦੇਸਾ॥ਰਹਾਉ॥		Ham Paapee Thum Paap Khanddan Neeko Thaakur Dhaesaa || Rehaao ||	We are sinners, and You are the Destroyer of sins. Your abode is so beautiful, O Lord and Master. ||Pause||	ਅਸੀਂ ਪਾਪ ਕਮਾਣ ਵਾਲੇ ਹਾਂ, ਤੂੰ ਸਾਡੇ ਪਾਪਾਂ ਦਾ ਨਾਸ ਕਰਨ ਵਾਲਾ ਹੈਂ। ਹੇ ਠਾਕੁਰ! ਤੇਰਾ ਦੇਸ ਸੋਹਣਾ ਹੈ (ਉਹ ਦੇਸ-ਸਾਧ ਸੰਗਤਿ ਸੋਹਣਾ ਹੈ ਜਿੱਥੇ ਤੂੰ ਵੱਸਦਾ ਹੈਂ) ਰਹਾਉ॥
26691	613	ਤੁਮ ਸਭ ਸਾਜੇ ਸਾਜਿ ਨਿਵਾਜੇ ਜੀਉ ਪਿੰਡੁ ਦੇ ਪ੍ਰਾਨਾ॥		Thum Sabh Saajae Saaj Nivaajae Jeeo Pindd Dhae Praanaa ||	You fashion all, and having fashioned them, You bless them. You bestow upon them soul, body and the breath of life.	ਹੇ ਪ੍ਰਭੂ! ਤੂੰ ਜਿੰਦ ਸਰੀਰ ਪ੍ਰਾਣ ਦੇ ਕੇ ਸਾਰੇ ਜੀਵਾਂ ਨੂੰ ਪੈਦਾ ਕੀਤਾ ਹੈ, ਪੈਦਾ ਕਰ ਕੇ ਸਭ ਉਤੇ ਬਖ਼ਸ਼ਸ਼ ਕਰਦਾ ਹੈਂ।
26692	613	ਨਿਰਗੁਨੀਆਰੇ ਗੁਨੁ ਨਹੀ ਕੋਈ ਤੁਮ ਦਾਨੁ ਦੇਹੁ ਮਿਹਰਵਾਨਾ॥੨॥		Niraguneeaarae Gun Nehee Koee Thum Dhaan Dhaehu Miharavaanaa ||2||	We are worthless - we have no virtue at all; please, bless us with Your gift, O Merciful Lordand Master. ||2||	ਹੇ ਮੇਹਰਵਾਨ! ਅਸੀਂ ਜੀਵ ਗੁਣ-ਹੀਨ ਹਾਂ, ਸਾਡੇ ਵਿਚ ਕੋਈ ਗੁਣ ਨਹੀਂ ਹੈ। ਤੂੰ ਸਾਨੂੰ ਗੁਣਾਂ ਦੀ ਦਾਤਿ ਬਖ਼ਸ਼ਦਾ ਹੈਂ ॥੨॥
26693	613	ਤੁਮ ਕਰਹੁ ਭਲਾ ਹਮ ਭਲੋ ਨ ਜਾਨਹ ਤੁਮ ਸਦਾ ਸਦਾ ਦਇਆਲਾ॥		Thum Karahu Bhalaa Ham Bhalo N Jaaneh Thum Sadhaa Sadhaa Dhaeiaalaa ||	You do good for us, but we do not see it as good; You are kind and compassionate, forever and ever.	ਹੇ ਪ੍ਰਭੂ! ਤੂੰ ਸਾਡੇ ਵਾਸਤੇ ਭਲਿਆਈ ਕਰਦਾ ਹੈਂ, ਪਰ ਅਸੀਂ ਤੇਰੇ ਭਲਿਆਈ ਦੀ ਕਦਰ ਨਹੀਂ ਜਾਣਦੇ। ਫਿਰ ਭੀ ਤੂੰ ਸਾਡੇ ਉੱਤੇ ਸਦਾ ਹੀ ਦਇਆਵਾਨ ਰਹਿੰਦਾ ਹੈਂ।

26694	613	ਤੁਮ ਸੁਖਦਾਈ ਪੁਰਖ ਬਿਧਾਤੇ ਤੁਮ ਰਾਖਹੁ ਅਪੁਨੇ ਬਾਲਾ॥੩॥		Thum Sukhadhaaee Purakh Bidhhaathae Thum Raakhahu Apunae Baalaa ||3||	You are the Giver of peace, the Primal Lord, the Architect of Destiny; please, save us, Your children! ||3||	ਹੇ ਸਰਬ-ਵਿਆਪਕ ਸਿਰਜਣਹਾਰ! ਤੂੰ ਸਾਨੂੰ ਸੁਖ ਦੇਣ ਵਾਲਾ ਹੈਂ, ਤੂੰ (ਸਾਡੀ) ਆਪਣੇ ਬੱਚਿਆਂ ਦੀ ਰਾਖੀ ਕਰਦਾ ਹੈਂ ॥੩॥
26695	613	ਤੁਮ ਨਿਧਾਨ ਅਟਲ ਸੁਲਿਤਾਨ ਜੀਅ ਜੰਤ ਸਭਿ ਜਾਚੈ॥	(ਅ-ਟਲ) ਸਦਾ ਕਾਇਮ	Thum Nidhhaan Attal Sulithaan Jeea Janth Sabh Jaachai ||	You are the treasure, eternal Lord King; all beings and creatures beg of You.	ਹੇ ਪ੍ਰਭੂ ਜੀ! ਤੁਸੀ ਸਾਰੇ ਗੁਣਾਂ ਦੇ ਖ਼ਜ਼ਾਨੇ ਹੋ। ਤੁਸੀ ਸਦਾ ਕਾਇਮ ਰਹਿਣ ਵਾਲੇ ਬਾਦਸ਼ਾਹ ਹੋ। ਸਾਰੇ ਜੀਵ (ਤੇਰੇ ਦਰ ਤੋਂ) ਮੰਗਦੇ ਹਨ।
26696	613	ਕਹੁ ਨਾਨਕ ਹਮ ਇਹੈ ਹਵਾਲਾ ਰਾਖੁ ਸੰਤਨ ਕੈ ਪਾਛੈ॥੪॥੬॥੧੭॥	(ਹਵਾਲਾ) ਹਾਲ	Kahu Naanak Ham Eihai Havaalaa Raakh Santhan Kai Paashhai ||4||6||17||	Says Nanak, such is our condition; please, Lord, keep us on the Path of the Saints. ||4||6||17||	ਨਾਨਕ ਆਖਦਾ ਹੈ- (ਹੇ ਪ੍ਰਭੂ!) ਸਾਡਾ ਜੀਵਾਂ ਦਾ ਤਾਂ ਇਹ ਹੀ ਹਾਲ ਹੈ। ਤੂੰ ਸਾਨੂੰ ਸੰਤ ਜਨਾਂ ਦੇ ਆਸਰੇ ਵਿਚ ਰੱਖ ॥੪॥੬॥੧੭॥
26697	613	ਸੋਰਠਿ ਮਹਲਾ ੫ ਘਰੁ ੨॥		Sorath Mehalaa 5 Ghar 2 ||	Sorat'h, Fifth Mehl, Second House:	
26698	613	ਮਾਤ ਗਰਭ ਮਹਿ ਆਪਨ ਸਿਮਰਨੁ ਦੇ ਤਹ ਤੁਮ ਰਾਖਨਹਾਰੇ॥		Maath Garabh Mehi Aapan Simaran Dhae Theh Thum Raakhanehaarae ||	In our mother's womb, You blessed us with Your meditative remembrance, and You preserved us there.	ਹੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਦੀ ਸਮਰਥਾ ਰੱਖਣ ਵਾਲੇ! ਮਾਂ ਦੇ ਪੇਟ ਵਿਚ ਸਾਨੂੰ ਤੂੰ ਆਪਣਾ ਸਿਮਰਨ ਦੇ ਕੇ ਉੱਥੇ ਸਾਡੀ ਰੱਖਿਆ ਕਰਨ ਵਾਲਾ ਹੈਂ।

26699	613	ਪਾਵਕ ਸਾਗਰ ਅਥਾਹ ਲਹਰਿ ਮਹਿ ਤਾਰਹੁ ਤਾਰਨਹਾਰੇ॥੧॥		Paavak Saagar Athhaah Lehar Mehi Thaarahu Thaaranehaarae ||1||	Through the countless waves of the ocean of fire, please, carry us across and save us, O Savior Lord! ||1||	(ਵਿਕਾਰਾਂ ਦੀ) ਅੱਗ ਦੇ ਸਮੁੰਦਰ ਦੀਆਂ ਡੂੰਘੀਆਂ ਲਹਿਰਾਂ ਵਿਚ ਡਿੱਗੇ ਪਏ ਨੂੰ ਭੀ ਮੈਨੂੰ ਪਾਰ ਲੰਘਾ ਲੈ ॥੧॥
26700	613	ਮਾਧੌ ਤੂ ਠਾਕੁਰੁ ਸਿਰਿ ਮੋਰਾ॥		Maadhha Thoo Thaakur Sir Moraa ||	O Lord, You are the Master above my head.	ਹੇ ਪ੍ਰਭੂ! ਤੂੰ ਮੇਰੇ ਸਿਰ ਉੱਤੇ ਰਾਖਾ ਹੈਂ।
26701	613	ਈਹਾ ਊਹਾ ਤੁਹਾਰੋ ਧੋਰਾ॥ਰਹਾਉ॥	(ਧੋਰਾ) ਆਸਰਾ	Eehaa Oohaa Thuhaaro Dhhoraa || Rehaao ||	Here and hereafter, You alone are my Support. ||Pause||	ਇਸ ਲੋਕ ਵਿਚ, ਤੇ, ਪਰਲੋਕ ਵਿਚ ਮੈਨੂੰ ਤੇਰਾ ਹੀ ਆਸਰਾ ਹੈ ਰਹਾਉ॥
26702	613	ਕੀਤੇ ਕਉ ਮੇਰੈ ਸੰਮਾਨੈ ਕਰਣਹਾਰੁ ਤ੍ਰਿਣੁ ਜਾਨੈ॥	(ਮੇਰੈ) ਸੁਮੇਰ ਪਰਬਤ। (ਤ੍ਰਿਣੁ) ਤੁੱਛ	Keethae Ko Maerai Sanmaanai Karanehaar Thrin Jaanai ||	He looks upon the creation like a mountain of gold, and sees the Creator as a blade of grass.	ਹੇ ਪ੍ਰਭੂ! ਤੇਰੇ ਪੈਦਾ ਕੀਤੇ ਪਦਾਰਥਾਂ ਨੂੰ (ਇਹ ਜੀਵ) ਮੇਰੂ ਪਰਬਤ ਜੇਡੀਆਂ ਵੱਡੀਆਂ ਸਮਝਦਾ ਹੈ, ਪਰ ਤੈਨੂੰ ਜੋ ਤੂੰ ਸਭ ਦਾ ਪੈਦਾ ਕਰਨ ਵਾਲਾ ਹੈਂ ਇਕ ਤੀਲੇ ਵਰਗਾ ਜਾਣਦਾ ਹੈਂ।
26703	613	ਤੂ ਦਾਤਾ ਮਾਗਨ ਕਉ ਸਗਲੀ ਦਾਨੁ ਦੇਹਿ ਪ੍ਰਭ ਭਾਨੈ॥੨॥		Thoo Dhaathaa Maagan Ko Sagalee Dhaan Dhaehi Prabh Bhaanai ||2||	You are the Great Giver, and we are all mere beggars; O God, You give gifts according to Your Will. ||2||	ਹੇ ਪ੍ਰਭੂ! ਤੂੰ ਸਭ ਦਾਤਾਂ ਦੇਣ ਵਾਲਾ ਹੈਂ, ਸਾਰੀ ਲੁਕਾਈ ਤੇਰੇ ਹੀ ਦਰ ਤੋਂ ਮੰਗਣ ਵਾਲੀ ਹੈ, ਤੂੰ ਆਪਣੀ ਰਜ਼ਾ ਵਿਚ ਸਭ ਨੂੰ ਦਾਨ ਦੇਂਦਾ ਹੈਂ ॥੨॥

26704	613	ਖਿਨ ਮਹਿ ਅਵਰੁ ਖਿਨੈ ਮਹਿ ਅਵਰਾ ਅਚਰਜ ਚਲਤ ਤੁਮਾਰੇ॥	ਅ-ਚਰਜ	Khin Mehi Avar Khinai Mehi Avaraa Acharaj Chalath Thumaarae ||	In an instant, You are one thing, and in another instant, You are another. Wondrous are Your ways!	ਹੇ ਪ੍ਰਭੂ! ਤੇਰੇ ਕੌਤਕ ਹੈਰਾਨ ਕਰ ਦੇਣ ਵਾਲੇ ਹਨ, ਇਕ ਛਿਨ ਵਿਚ ਤੂੰ ਕੁਝ ਦਾ ਕੁਝ ਬਣਾ ਦੇਂਦਾ ਹੈਂ।
26705	613	ਰੂੜੋ ਗੂੜੋ ਗਹਿਰ ਗੰਭੀਰੋ ਊਚੌ ਅਗਮ ਅਪਾਰੇ॥੩॥		Roorro Goorro Gehir Ganbheero Oocha Agam Apaarae ||3||	You are beautiful, mysterious, profound, unfathomable, lofty, inaccessible and infinite. ||3||	ਹੇ ਅਪਹੁੰਚ! ਹੇ ਬੇਅੰਤ। ਤੂੰ ਸਭ ਤੋਂ ਉੱਚਾ ਹੈਂ, ਤੂੰ ਸੋਹਣਾ ਹੈਂ, ਤੂੰ ਵੱਡੇ ਜਿਗਰੇ ਵਾਲਾ ਹੈਂ, ਤੂੰ ਸਾਰੇ ਸੰਸਾਰ ਵਿਚ ਗੁਪਤ ਵੱਸ ਰਿਹਾ ਹੈਂ ॥੩॥
26706	614	ਸਾਧਸੰਗਿ ਜਉ ਤੁਮਹਿ ਮਿਲਾਇਓ ਤਉ ਸੁਨੀ ਤੁਮਾਰੀ ਬਾਣੀ॥		Saadhhasang Jo Thumehi Milaaeiou Tho Sunee Thumaaree Baanee ||	When You brought me to the Saadh Sangat, the Company of the Holy, then I heard the Bani of Your Word.	ਹੇ ਸਰਬ-ਵਿਆਪਕ ਪ੍ਰਭੂ! ਜਦੋਂ ਤੂੰ ਆਪ ਹੀ (ਕਿਸੇ ਜੀਵ ਨੂੰ) ਸਾਧ ਸੰਗਤਿ ਵਿਚ ਮਿਲਾਂਦਾ ਹੈਂ, ਤਦੋਂ ਉਹ ਤੇਰੀ ਸਿਫ਼ਤ-ਸਾਲਾਹ ਦੀ ਬਾਣੀ ਸੁਣਦਾ ਹੈ,
26707	614	ਅਨਦੁ ਭਇਆ ਪੇਖਤ ਹੀ ਨਾਨਕ ਪ੍ਰਤਾਪ ਪੁਰਖ ਨਿਰਬਾਣੀ॥੪॥੭॥੧੮॥		Anadh Bhaeiaa Paekhath Hee Naanak Prathaap Purakh Nirabaanee ||4||7||18||	Nanak is in ecstasy, beholding the Glory of the Primal Lord of Nirvaanaa. ||4||7||18||	ਹੇ ਨਾਨਕ! (ਆਖ-) (ਹੇ ਭਾਈ!) ਵਾਸ਼ਨਾ-ਰਹਿਤ ਸਰਬ-ਵਿਆਪਕ ਪ੍ਰਭੂ ਦਾ ਪਰਤਾਪ ਵੇਖ ਕੇ ਤਦੋਂ ਉਸ ਦੇ ਅੰਦਰ ਆਤਮਕ ਆਨੰਦ ਪੈਦਾ ਹੁੰਦਾ ਹੈ ॥੪॥੭॥੧੮॥
26708	614	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

26709	614	ਹਮ ਸੰਤਨ ਕੀ ਰੇਨੁ ਪਿਆਰੇ ਹਮ ਸੰਤਨ ਕੀ ਸਰਣਾ॥		Ham Santhan Kee Raen Piaarae Ham Santhan Kee Saranaa ||	I am the dust of the feet of the Beloved Saints; I seek the Protection of their Sanctuary.	ਹੇ ਪਿਆਰੇ ਪ੍ਰਭੂ! (ਮੇਹਰ ਕਰ) ਮੈਂ ਤੇਰੇ ਸੰਤ ਜਨਾਂ ਦੀ ਚਰਨ-ਧੂੜ ਬਣਿਆ ਰਹਾਂ, ਸੰਤ ਜਨਾਂ ਦੀ ਸਰਨ ਪਿਆ ਰਹਾਂ।
26710	614	ਸੰਤ ਹਮਾਰੀ ਓਟ ਸਤਾਣੀ ਸੰਤ ਹਮਾਰਾ ਗਹਣਾ॥੧॥		Santh Hamaaree Outt Sathaanee Santh Hamaaraa Gehanaa ||1||	The Saints are my all-powerful Support; the Saints are my ornament and decoration. ||1||	ਸੰਤ ਹੀ ਮੇਰਾ ਤਕੜਾ ਸਹਾਰਾ ਹਨ, ਸੰਤ ਜਨ ਹੀ ਮੇਰੇ ਜੀਵਨ ਨੂੰ ਸੋਹਣਾ ਬਣਾਣ ਵਾਲੇ ਹਨ ॥੧॥
26711	614	ਹਮ ਸੰਤਨ ਸਿਉ ਬਣਿ ਆਈ॥		Ham Santhan Sio Ban Aaee ||	I am hand and glove with the Saints.	ਹੇ ਪ੍ਰਭੂ! ਤੇਰੇ ਸੰਤਾਂ ਨਾਲ ਮੇਰੀ ਪ੍ਰੀਤਿ ਬਣ ਗਈ ਹੈ।
26712	614	ਪੂਰਬਿ ਲਿਖਿਆ ਪਾਈ॥		Poorab Likhiaa Paaee ||	I have realized my pre-ordained destiny.	ਪਿਛਲੇ ਲਿਖੇ ਲੇਖ ਅਨੁਸਾਰ ਇਹ ਪ੍ਰਾਪਤੀ ਹੋਈ ਹੈ।
26713	614	ਇਹੁ ਮਨੁ ਤੇਰਾ ਭਾਈ॥ਰਹਾਉ॥		Eihu Man Thaeraa Bhaaee || Rehaao ||	This mind is yours, O Siblings of Destiny. ||Pause||	ਹੁਣ ਮੇਰਾ ਇਹ ਮਨ ਤੇਰਾ ਪ੍ਰੇਮੀ ਬਣ ਗਿਆ ਹੈ ਰਹਾਉ॥
26714	614	ਸੰਤਨ ਸਿਉ ਮੇਰੀ ਲੇਵਾ ਦੇਵੀ ਸੰਤਨ ਸਿਉ ਬਿਉਹਾਰਾ॥		Santhan Sio Maeree Laevaa Dhaevee Santhan Sio Biouhaaraa ||	My dealings are with the Saints, and my business is with the Saints.	(ਹੇ ਪ੍ਰਭੂ! ਤੇਰੀ ਮੇਹਰ ਨਾਲ) ਸੰਤ ਜਨਾਂ ਨਾਲ ਹੀ ਮੇਰਾ ਲੈਣ-ਦੇਣ ਤੇ ਵਰਤਣ-ਵਿਹਾਰ ਹੈ।

26715	614	ਸੰਤਨ ਸਿਉ ਹਮ ਲਾਹਾ ਖਾਟਿਆ ਹਰਿ ਭਗਤਿ ਭਰੇ ਭੰਡਾਰਾ॥੨॥		Santhan Sio Ham Laahaa Khaattiaa Har Bhagath Bharae Bhanddaaraa ||2||	I have earned the profit with the Saints, and the treasure filled to over-flowing with devotion to the Lord. ||2||	ਸੰਤ ਜਨਾਂ ਨਾਲ ਰਹਿ ਕੇ ਮੈਂ ਇਹ ਲਾਭ ਖੱਟਿਆ ਹੈ ਕਿ ਮੇਰੇ ਅੰਦਰ ਭਗਤੀ ਦੇ ਖ਼ਜ਼ਾਨੇ ਭਰ ਗਏ ਹਨ ॥੨॥
26716	614	ਸੰਤਨ ਮੋਕਉ ਪੂੰਜੀ ਸਉਪੀ ਤਉ ਉਤਰਿਆ ਮਨ ਕਾ ਧੋਖਾ॥		Santhan Mo Ko Poonjee Soupee Tho Outhariaa Man Kaa Dhhokhaa ||	The Saints entrusted to me the capital, and my mind's delusion was dispelled.	ਹੇ ਭਾਈ! ਜਦੋਂ ਤੋਂ ਸੰਤ ਜਨਾਂ ਨੇ ਮੈਨੂੰ ਪਰਮਾਤਮਾ ਦੀ ਭਗਤੀ ਦੀ ਰਾਸਿ-ਪੂੰਜੀ ਦਿੱਤੀ ਹੈ, ਤਦੋਂ ਤੋਂ ਮੇਰੇ ਮਨ ਦਾ ਚਿੰਤਾ-ਫ਼ਿਕਰ ਲਹਿ ਗਿਆ ਹੈ।
26717	614	ਧਰਮਰਾਇ ਅਬ ਕਹਾ ਕਰੈਗੋ ਜਉ ਫਾਟਿਓ ਸਗਲੋ ਲੇਖਾ॥੩॥		Dhharam Raae Ab Kehaa Karaigo Jo Faattiou Sagalo Laekhaa ||3||	What can the Righteous Judge of Dharma do now? All my accounts have been torn up. ||3||	(ਮੇਰੇ ਜਨਮਾਂ ਜਨਮਾਂਤਰਾਂ ਦੇ ਕੀਤੇ ਕਰਮਾਂ ਦਾ) ਸਾਰਾ ਹੀ ਹਿਸਾਬ ਦਾ ਕਾਗਜ਼ ਪਾਟ ਚੁਕਾ ਹੈ। ਹੁਣ ਧਰਮਰਾਜ ਮੈਥੋਂ ਕੋਈ ਪੁੱਛ ਨਹੀਂ ਕਰੇਗਾ ॥੩॥
26718	614	ਮਹਾ ਅਨੰਦ ਭਏ ਸੁਖੁ ਪਾਇਆ ਸੰਤਨ ਕੈ ਪਰਸਾਦੇ॥		Mehaa Anandh Bheae Sukh Paaeiaa Santhan Kai Parasaadhae ||	I have found the greatest bliss, and I am at peace, by the Grace of the Saints.	ਹੇ ਭਾਈ! ਸੰਤ ਜਨਾਂ ਦੀ ਕਿਰਪਾ ਨਾਲ ਮੇਰੇ ਅੰਦਰ ਬੜਾ ਆਤਮਕ ਆਨੰਦ ਬਣਿਆ ਪਿਆ ਹੈ।

26719	614	ਕਹੁ ਨਾਨਕ ਹਰਿ ਸਿਉ ਮਨੁ ਮਾਨਿਆ ਰੰਗਿ ਰਤੇ ਬਿਸਮਾਦੇ॥੪॥੮॥੧੯॥		Kahu Naanak Har Sio Man Maaniaa Rang Rathae Bisamaadhae ||4||8||19||	Says Nanak, my mind is reconciled with the Lord; it is imbued with the wondrous Love of the Lord. ||4||8||19||	ਨਾਨਕ ਆਖਦਾ ਹੈ- ਮੇਰਾ ਮਨ ਪਰਮਾਤਮਾ ਨਾਲ ਪਤੀਜ ਗਿਆ ਹੈ, ਅਸਚਰਜ ਪ੍ਰਭੂ ਦੇ ਪ੍ਰੇਮ-ਰੰਗ ਵਿਚ ਮੈਂ ਰੰਗਿਆ ਗਿਆ ਹਾਂ ॥੪॥੮॥੧੯॥
26720	614	ਸੋਰਠਿ ਮਃ ੫॥		Sorath Ma 5 ||	Sorat'h, Fifth Mehl:	
26721	614	ਜੇਤੀ ਸਮਗ੍ਰੀ ਦੇਖਹੁ ਰੇ ਨਰ ਤੇਤੀ ਹੀ ਛਡਿ ਜਾਨੀ॥	ਸਮੱਗ੍ਰੀ	Jaethee Samagree Dhaekhahu Rae Nar Thaethee Hee Shhadd Jaanee ||	All the things that you see, O man, you shall have to leave behind.	ਹੇ ਮਨੁੱਖ! ਇਹ ਜਿਤਨਾ ਹੀ ਸਾਜ-ਸਾਮਾਨ ਤੂੰ ਵੇਖ ਰਿਹਾ ਹੈਂ, ਇਹ ਸਾਰਾ ਹੀ (ਅੰਤ) ਛੱਡ ਕੇ ਚਲੇ ਜਾਣਾ ਹੈ।
26722	614	ਰਾਮ ਨਾਮ ਸੰਗਿ ਕਰਿ ਬਿਉਹਾਰਾ ਪਾਵਹਿ ਪਦੁ ਨਿਰਬਾਨੀ॥੧॥		Raam Naam Sang Kar Biouhaaraa Paavehi Padh Nirabaanee ||1||	Let your dealings be with the Lord's Name, and you shall attain the state of Nirvaanaa. ||1||	ਪਰਮਾਤਮਾ ਦੇ ਨਾਮ ਨਾਲ ਸਾਂਝ ਬਣਾ, ਤੂੰ ਉਹ ਆਤਮਕ ਦਰਜਾ ਹਾਸਲ ਕਰ ਲਏਂਗਾ ਜਿੱਥੇ ਕੋਈ ਵਾਸਨਾ ਪੋਹ ਨਹੀਂ ਸਕਦੀ ॥੧॥
26723	614	ਪਿਆਰੇ ਤੂ ਮੇਰੋ ਸੁਖਦਾਤਾ॥		Piaarae Thoo Maero Sukhadhaathaa ||	O my Beloved, You are the Giver of peace.	ਹੇ ਪਿਆਰੇ ਪ੍ਰਭੂ! (ਮੈਨੂੰ ਨਿਸ਼ਚਾ ਹੋ ਗਿਆ ਹੈ ਕਿ) ਤੂੰ ਹੀ ਮੇਰਾ ਸੁਖਾਂ ਦਾ ਦਾਤਾ ਹੈਂ।

26724	614	ਗੁਰਿ ਪੂਰੈ ਦੀਆ ਉਪਦੇਸਾ ਤੁਮ ਹੀ ਸੰਗਿ ਪਰਾਤਾ॥ਰਹਾਉ॥	(ਪਰਾਤਾ) ਪ੍ਰੋਤਾ ਗਿਆ	Gur Poorai Dheeaa Oupadhaesaa Thum Hee Sang Paraathaa || Rehaao ||	The Perfect Guru has given me these Teachings, and I am attuned to You. ||Pause||	(ਜਦੋਂ ਤੋਂ) ਪੂਰੇ ਗੁਰੂ ਨੇ ਮੈਨੂੰ ਉਪਦੇਸ਼ ਦਿੱਤਾ ਹੈ, ਮੈਂ ਤੇਰੇ ਨਾਲ ਹੀ ਪ੍ਰੋਤਾ ਗਿਆ ਹਾਂ ਰਹਾਉ॥
26725	614	ਕਾਮ ਕ੍ਰੋਧ ਲੋਭ ਮੋਹ ਅਭਿਮਾਨਾ ਤਾ ਮਹਿ ਸੁਖੁ ਨਹੀ ਪਾਈਐ॥		Kaam Krodhh Lobh Moh Abhimaanaa Thaa Mehi Sukh Nehee Paaeeai ||	In sexual desire, anger, greed, emotional attachment and self-conceit, peace is not to be found.	ਹੇ ਭਾਈ! ਕਾਮ ਕ੍ਰੋਧ ਲੋਭ ਮੋਹ ਅਹੰਕਾਰ-ਇਸ ਵਿਚ ਫਸੇ ਰਿਹਾਂ ਸੁਖ ਨਹੀਂ ਮਿਲਿਆ ਕਰਦਾ।
26726	614	ਹੋਹੁ ਰੇਨ ਤੂ ਸਗਲ ਕੀ ਮੇਰੇ ਮਨ ਤਉ ਅਨਦ ਮੰਗਲ ਸੁਖੁ ਪਾਈਐ॥੨॥		Hohu Raen Thoo Sagal Kee Maerae Man Tho Anadh Mangal Sukh Paaeeai ||2||	So be the dust of the feet of all, O my mind, and then you shall find bliss, joy and peace. ||2||	ਹੇ ਮੇਰੇ ਮਨ! ਤੂੰ ਸਭਨਾਂ ਦੇ ਚਰਨਾਂ ਦੀ ਧੂੜ ਬਣਿਆ ਰਹੁ। ਤਦੋਂ ਹੀ ਆਤਮਕ ਆਨੰਦ ਖ਼ੁਸ਼ੀ ਸੁਖ ਪ੍ਰਾਪਤ ਹੁੰਦਾ ਹੈ ॥੨॥
26727	614	ਘਾਲ ਨ ਭਾਨੈ ਅੰਤਰ ਬਿਧਿ ਜਾਨੈ ਤਾ ਕੀ ਕਰਿ ਮਨ ਸੇਵਾ॥		Ghaal N Bhaanai Anthar Bidhh Jaanai Thaa Kee Kar Man Saevaa ||	He knows the condition of your inner self, and He will not let your work go in vain - serve Him, O mind.	ਹੇ ਮੇਰੇ ਮਨ! ਉਸ ਪਰਮਾਤਮਾ ਦੀ ਸੇਵਾ-ਭਗਤੀ ਕਰਿਆ ਕਰ, ਜੇਹੜਾ ਕਿਸੇ ਦੀ ਕੀਤੀ ਮੇਹਨਤ ਨੂੰ ਅਜਾਈਂ ਨਹੀਂ ਜਾਣ ਦੇਂਦਾ, ਤੇ ਹਰੇਕ ਦੇ ਦਿਲ ਦੀ ਜਾਣਦਾ ਹੈ।

26728	614	ਕਰਿ ਪੂਜਾ ਹੋਮਿ ਇਹੁ ਮਨੂਆ ਅਕਾਲ ਮੂਰਤਿ ਗੁਰਦੇਵਾ॥੩॥		Kar Poojaa Hom Eihu Manooaa Akaal Moorath Guradhaevaa ||3||	Worship Him, and dedicate this mind unto Him, the Image of the Undying Lord, the Divine Guru. ||3||	ਹੇ ਭਾਈ! ਜੇਹੜਾ ਪ੍ਰਕਾਸ਼-ਰੂਪ ਪ੍ਰਭੂ ਸਭ ਤੋਂ ਵੱਡਾ ਹੈ ਜਿਸ ਦਾ ਸਰੂਪ ਮੌਤ-ਰਹਿਤ ਹੈ, ਉਸ ਦੀ ਪੂਜਾ-ਭਗਤੀ ਕਰ, ਤੇ, ਭੇਟਾ ਵਜੋਂ ਆਪਣਾ ਇਹ ਮਨ ਉਸ ਦੇ ਹਵਾਲੇ ਕਰ ਦੇਹ ॥੩॥
26729	614	ਗੋਬਿਦ ਦਾਮੋਦਰ ਦਇਆਲ ਮਾਧਵੇ ਪਾਰਬ੍ਰਹਮ ਨਿਰੰਕਾਰਾ॥		Gobidh Dhaamodhar Dhaeiaal Maadhhavae Paarabreham Nirankaaraa ||	He is the Lord of the Universe, the Compassionate Lord, the Supreme Lord God, the Formless Lord.	ਗੋਬਿੰਦ ਦਾਮੋਦਰ ਦਇਆ-ਦੇ-ਘਰ, ਮਾਇਆ-ਦੇ-ਪਤੀ, ਪਾਰਬ੍ਰਹਮ ਨਿਰੰਕਾਰ ਦੇ-
26730	614	ਨਾਮੁ ਵਰਤਣਿ ਨਾਮੋ ਵਾਲੇਵਾ ਨਾਮੁ ਨਾਨਕ ਪ੍ਰਾਨ ਅਧਾਰਾ॥੪॥੯॥੨੦॥	(ਵਾਲੇਵਾ) ਪਦਾਰਥ	Naam Varathan Naamo Vaalaevaa Naam Naanak Praan Adhhaaraa ||4||9||20||	The Naam is my merchandise, the Naam is my nourishment; the Naam, O Nanak, is the Support of my breath of life. ||4||9||20||	ਨਾਮ ਨੂੰ ਹਰ ਵੇਲੇ ਕੰਮ ਆਉਣ ਵਾਲੀ ਚੀਜ਼ ਬਣਾ, ਨਾਮ ਨੂੰ ਹੀ ਹਿਰਦੇ-ਘਰ ਦਾ ਸਾਮਾਨ ਬਣਾ, ਹੇ ਨਾਨਕ! ਨਾਮ ਹੀ ਜਿੰਦ ਦਾ ਆਸਰਾ ਹੈ ॥੪॥੯॥੨੦॥
26731	614	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26732	614	ਮਿਰਤਕ ਕਉ ਪਾਇਓ ਤਨਿ ਸਾਸਾ ਬਿਛੁਰਤ ਆਨਿ ਮਿਲਾਇਆ॥		Mirathak Ko Paaeiou Than Saasaa Bishhurath Aan Milaaeiaa ||	He infuses the breath into the dead bodies, and he reunited the separated ones.	ਹੇ ਭਾਈ! (ਗੁਰੂ ਆਤਮਕ ਤੌਰ ਤੇ) ਮਰੇ ਹੋਏ ਮਨੁੱਖ ਦੇ ਸਰੀਰ ਵਿਚ ਨਾਮ-ਜਿੰਦ ਪਾ ਦੇਂਦਾ ਹੈ, (ਪ੍ਰਭੂ ਤੋਂ) ਵਿਛੁੜੇ ਹੋਏ ਮਨੁੱਖ ਨੂੰ ਲਿਆ ਕੇ (ਪ੍ਰਭੂ ਨਾਲ) ਮਿਲਾ ਦੇਂਦਾ ਹੈ।

26733	614	ਪਸੂ ਪਰੇਤ ਮੁਗਧ ਭਏ ਸ੍ਰੋਤੇ ਹਰਿ ਨਾਮਾ ਮੁਖਿ ਗਾਇਆ॥੧॥		Pasoo Paraeth Mugadhh Bheae Srothae Har Naamaa Mukh Gaaeiaa ||1||	Even beasts, demons and fools become attentive listeners, when He sings the Praises of the Lord's Name. ||1||	ਪਸ਼ੂ (-ਸੁਭਾਉ ਮਨੁੱਖ) ਪ੍ਰੇਤ (-ਸੁਭਾਉ ਬੰਦੇ) ਮੂਰਖ ਮਨੁੱਖ (ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ) ਸੁਣਨ ਵਾਲੇ ਬਣ ਜਾਂਦੇ ਹਨ, ਪਰਮਾਤਮਾ ਦਾ ਨਾਮ ਮੂੰਹ ਨਾਲ ਗਾਣ ਲੱਗ ਜਾਂਦੇ ਹਨ ॥੧॥
26734	614	ਪੂਰੇ ਗੁਰ ਕੀ ਦੇਖੁ ਵਡਾਈ॥		Poorae Gur Kee Dhaekh Vaddaaee ||	Behold the glorious greatness of the Perfect Guru.	ਹੇ ਭਾਈ! ਪੂਰੇ ਗੁਰੂ ਦੀ ਆਤਮਕ ਉੱਚਤਾ ਬੜੀ ਅਸਚਰਜ ਹੈ,
26735	614	ਤਾ ਕੀ ਕੀਮਤਿ ਕਹਣੁ ਨ ਜਾਈ॥ਰਹਾਉ॥		Thaa Kee Keemath Kehan N Jaaee || Rehaao ||	His worth cannot be described. ||Pause||	ਉਸ ਦਾ ਮੁੱਲ ਨਹੀਂ ਦੱਸਿਆ ਜਾ ਸਕਦਾ ਰਹਾਉ॥
26736	614	ਦੂਖ ਸੋਗ ਕਾ ਢਾਹਿਓ ਡੇਰਾ ਅਨਦ ਮੰਗਲ ਬਿਸਰਾਮਾ॥		Dhookh Sog Kaa Dtaahiou Ddaeraa Anadh Mangal Bisaraamaa ||	He has demolished the abode of sorrow and disease, and brought bliss, joy and happiness.	(ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸਰਨ ਆ ਪੈਂਦਾ ਹੈ, ਗੁਰੂ ਉਸ ਨੂੰ ਨਾਮ-ਜਿੰਦ ਦੇ ਕੇ ਉਸ ਦੇ ਅੰਦਰੋਂ) ਦੁੱਖਾਂ ਦਾ ਗ਼ਮਾਂ ਦਾ ਡੇਰਾ ਹੀ ਢਾਹ ਦੇਂਦਾ ਹੈ ਉਸ ਦੇ ਅੰਦਰ ਆਨੰਦ ਖ਼ੁਸ਼ੀਆਂ ਦਾ ਟਿਕਾਣਾ ਬਣਾ ਦੇਂਦਾ ਹੈ।
26737	614	ਮਨ ਬਾਂਛਤ ਫਲ ਮਿਲੇ ਅਚਿੰਤਾ ਪੂਰਨ ਹੋਏ ਕਾਮਾ॥੨॥		Man Baanshhath Fal Milae Achinthaa Pooran Hoeae Kaamaa ||2||	He effortlessly awards the fruits of the mind's desire, and all works are brought to perfection. ||2||	ਉਸ ਮਨੁੱਖ ਨੂੰ ਅਚਨਚੇਤ ਮਨ-ਇੱਛਤ ਫਲ ਮਿਲ ਜਾਂਦੇ ਹਨ ਉਸ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ ॥੨॥

26738	614	ਈਹਾ ਸੁਖੁ ਆਗੈ ਮੁਖ ਊਜਲ ਮਿਟਿ ਗਏ ਆਵਣ ਜਾਣੇ॥		Eehaa Sukh Aagai Mukh Oojal Mitt Geae Aavan Jaanae ||	He finds peace in this world, and his face is radiant in the world hereafter; his comings and goings are finished.	ਹੇ ਭਾਈ! ਜੇਹੜੇ ਮਨੁੱਖ ਆਪਣੇ ਗੁਰੂ ਦੇ ਮਨ ਵਿਚ ਭਾ ਜਾਂਦੇ ਹਨ, ਉਹਨਾਂ ਨੂੰ ਇਸ ਲੋਕ ਵਿਚ ਸੁਖ ਪ੍ਰਾਪਤ ਰਹਿੰਦਾ ਹੈ, ਪਰਲੋਕ ਵਿਚ ਭੀ ਉਹ ਸੁਰਖ਼-ਰੂ ਹੋ ਜਾਂਦੇ ਹਨ, ਉਹਨਾਂ ਦੇ ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ।
26739	614	ਨਿਰਭਉ ਭਏ ਹਿਰਦੈ ਨਾਮੁ ਵਸਿਆ ਅਪੁਨੇ ਸਤਿਗੁਰ ਕੈ ਮਨਿ ਭਾਣੇ॥੩॥		Nirabho Bheae Hiradhai Naam Vasiaa Apunae Sathigur Kai Man Bhaanae ||3||	He becomes fearless, and his heart is filled with the Naam, the Name of the Lord; his mind is pleasing to the True Guru. ||3||	ਉਹਨਾਂ ਨੂੰ ਕੋਈ ਡਰ ਪੋਹ ਨਹੀਂ ਸਕਦਾ (ਕਿਉਂਕਿ ਗੁਰੂ ਦੀ ਕਿਰਪਾ ਨਾਲ) ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ ॥੩॥
26740	614	ਊਠਤ ਬੈਠਤ ਹਰਿ ਗੁਣ ਗਾਵੈ ਦੂਖੁ ਦਰਦੁ ਭ੍ਰਮੁ ਭਾਗਾ॥		Oothath Baithath Har Gun Gaavai Dhookh Dharadh Bhram Bhaagaa ||	Standing up and sitting down, he sings the Glorious Praises of the Lord; his pain, sorrow and doubt are dispelled.	ਉਹ ਮਨੁੱਖ ਉੱਠਦਾ ਬੈਠਦਾ ਹਰ ਵੇਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਉਸ ਦੇ ਅੰਦਰੋਂ ਹਰੇਕ ਦੁੱਖ ਪੀੜ ਭਟਕਣਾ ਖ਼ਤਮ ਹੋ ਜਾਂਦੀ ਹੈ।

26741	614	ਕਹੁ ਨਾਨਕ ਤਾ ਕੇ ਪੂਰ ਕਰੰਮਾ ਜਾ ਕਾ ਗੁਰ ਚਰਨੀ ਮਨੁ ਲਾਗਾ॥੪॥੧੦॥੨੧॥		Kahu Naanak Thaa Kae Poor Karanmaa Jaa Kaa Gur Charanee Man Laagaa ||4||10||21||	Says Nanak, his karma is perfect; his mind is attached to the Guru's feet. ||4||10||21||	ਨਾਨਕ ਆਖਦਾ ਹੈ- ਜਿਸ ਮਨੁੱਖ ਦਾ ਮਨ ਗੁਰੂ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ, ਉਸ ਦੇ ਸਾਰੇ ਕੰਮ ਸਫਲ ਹੋ ਜਾਂਦੇ ਹਨ ॥੪॥੧੦॥੨੧॥
26742	614	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26743	614	ਰਤਨੁ ਛਾਡਿ ਕਉਡੀ ਸੰਗਿ ਲਾਗੇ ਜਾ ਤੇ ਕਛੂ ਨ ਪਾਈਐ॥		Rathan Shhaadd Kouddee Sang Laagae Jaa Thae Kashhoo N Paaeeai ||	Forsaking the jewel, he is attached to the shell; nothing will come of it.	(ਹੇ ਭਾਈ! ਮਾਇਆ-ਵੇੜ੍ਹੇ ਮਨੁੱਖ) ਕੀਮਤੀ ਪ੍ਰਭੂ-ਨਾਮ ਛੱਡ ਕੇ ਕਉਡੀ (ਦੇ ਮੁੱਲ ਦੀ ਮਾਇਆ) ਨਾਲ ਚੰਬੜੇ ਰਹਿੰਦੇ ਹਨ, ਜਿਸ ਪਾਸੋਂ (ਅੰਤ) ਕੁਝ ਭੀ ਪ੍ਰਾਪਤ ਨਹੀਂ ਹੁੰਦਾ।
26744	615	ਪੂਰਨ ਪਾਰਬ੍ਰਹਮ ਪਰਮੇਸੁਰ ਮੇਰੇ ਮਨ ਸਦਾ ਧਿਆਈਐ॥੧॥		Pooran Paarabreham Paramaesur Maerae Man Sadhaa Dhhiaaeeai ||1||	O my mind, meditate forever on the Perfect, Supreme Lord God, the Transcendent Lord. ||1||	ਹੇ ਮੇਰੇ ਮਨ! ਸਰਬ-ਵਿਆਪਕ ਪਾਰਬ੍ਰਹਮ ਪਰਮੇਸਰ ਦਾ ਨਾਮ ਸਦਾ ਸਿਮਰਨਾ ਚਾਹੀਦਾ ਹੈ ॥੧॥
26745	615	ਸਿਮਰਹੁ ਹਰਿ ਹਰਿ ਨਾਮੁ ਪਰਾਨੀ॥		Simarahu Har Har Naam Paraanee ||	Meditate in remembrance on the Name of the Lord, Har, Har, O mortal.	ਹੇ ਬੰਦੇ! ਸਦਾ ਪਰਮਾਤਮਾ ਦਾ ਨਾਮ ਸਿਮਰਿਆ ਕਰ।

26746	615	ਬਿਨਸੈ ਕਾਚੀ ਦੇਹ ਅਗਿਆਨੀ॥ਰਹਾਉ ॥		Binasai Kaachee Dhaeh Agiaanee || Rehaao ||	Your frail body shall perish, you ignorant fool. ||Pause||	ਹੇ ਗਿਆਨਹੀਨ! ਇਹ ਸਰੀਰ ਸਦਾ ਕਾਇਮ ਰਹਿਣ ਵਾਲਾ ਨਹੀਂ ਹੈ, ਇਹ ਜ਼ਰੂਰ ਨਾਸ ਹੋ ਜਾਂਦਾ ਹੈ ਰਹਾਉ॥
26747	615	ਮ੍ਰਿਗ ਤ੍ਰਿਸਨਾ ਅਰੁ ਸੁਪਨ ਮਨੋਰਥ ਤਾ ਕੀ ਕਛੁ ਨ ਵਡਾਈ॥		Mrig Thrisanaa Ar Supan Manorathh Thaa Kee Kashh N Vaddaaee ||	Illusions and dream-objects possess nothing of greatness.	(ਹੇ ਭਾਈ! ਇਹ ਮਾਇਆ) ਠਗ-ਨੀਰਾ ਹੈ (ਜੋ ਤਿਹਾਏ ਹਰਨ ਨੂੰ ਤੜਫਾ ਤੜਫਾ ਕੇ ਮਾਰ ਮੁਕਾਂਦਾ ਹੈ) ਸੁਪਨਿਆਂ ਵਿਚ ਮਿਲੇ ਪਦਾਰਥ ਹੈ, (ਆਤਮਕ ਜੀਵਨ ਵਾਲੇ ਦੇਸ਼ ਵਿਚ) ਇਸ ਮਾਇਆ ਨੂੰ ਕੁਝ ਭੀ ਇੱਜ਼ਤ ਨਹੀਂ ਮਿਲਦੀ।
26748	615	ਰਾਮ ਭਜਨ ਬਿਨੁ ਕਾਮਿ ਨ ਆਵਸਿ ਸੰਗਿ ਨ ਕਾਹੂ ਜਾਈ॥੨॥		Raam Bhajan Bin Kaam N Aavas Sang N Kaahoo Jaaee ||2||	Without meditating on the Lord, nothing succeeds, and nothing will go along with you. ||2||	ਪਰਮਾਤਮਾ ਦੇ ਭਜਨ ਤੋਂ ਬਿਨਾ (ਹੋਰ ਕੋਈ ਚੀਜ਼) ਕੰਮ ਨਹੀਂ ਆਉਂਦੀ, ਇਹ ਮਾਇਆ (ਅੰਤ) ਕਿਸੇ ਦੇ ਭੀ ਨਾਲ ਨਹੀਂ ਜਾਂਦੀ ॥੨॥
26749	615	ਹਉ ਹਉ ਕਰਤ ਬਿਹਾਇ ਅਵਰਦਾ ਜੀਅ ਕੋ ਕਾਮੁ ਨ ਕੀਨਾ॥	(ਅ-ਵਰਦਾ) ਉਮਰ	Ho Ho Karath Bihaae Avaradhaa Jeea Ko Kaam N Keenaa ||	Acting in egotism and pride, his life passes away, and he does nothing for his soul.	(ਹੇ ਭਾਈ! ਮਾਇਆ-ਵੇੜ੍ਹੇ ਮਨੁੱਖ ਦੀ) ਉਮਰ (ਮਾਇਆ ਦਾ) ਮਾਣ ਕਰਦਿਆਂ ਹੀ ਬੀਤ ਜਾਂਦੀ ਹੈ, ਉਹ ਕੋਈ ਐਸਾ ਕੰਮ ਨਹੀਂ ਕਰਦਾ ਜੋ ਜਿੰਦ ਦੇ ਲਾਭ ਵਾਸਤੇ ਹੋਵੇ।

26750	615	ਧਾਵਤ ਧਾਵਤ ਨਹ ਤ੍ਰਿਪਤਾਸਿਆ ਰਾਮ ਨਾਮੁ ਨਹੀ ਚੀਨਾ॥੩॥		Dhhaavath Dhhaavath Neh Thripathaasiaa Raam Naam Nehee Cheenaa ||3||	Wandering and wandering all around, he is never satisfied; he does not remember the Name of the Lord. ||3||	(ਸਾਰੀ ਉਮਰ ਮਾਇਆ ਦੀ ਖ਼ਾਤਰ) ਦੌੜਦਾ ਭਟਕਦਾ ਰਹਿੰਦਾ ਹੈ, ਰੱਜਦਾ ਨਹੀਂ, ਪਰਮਾਤਮਾ ਦੇ ਨਾਮ ਨਾਲ ਸਾਂਝ ਨਹੀਂ ਪਾਂਦਾ ॥੩॥
26751	615	ਸਾਦ ਬਿਕਾਰ ਬਿਖੈ ਰਸ ਮਾਤੋ ਅਸੰਖ ਖਤੇ ਕਰਿ ਫੇਰੇ॥	(ਖਤੇ)ਗੁਨਾਹ।ਖਤੇ:ਪੋਲਾ ਬੋਲੋ	Saadh Bikaar Bikhai Ras Maatho Asankh Khathae Kar Faerae ||	Intoxicated with the taste of corruption, cruel pleasures and countless sins, he is consigned to the cycle of reincarnation.	ਹੇ ਭਾਈ! ਮਾਇਆ-ਵੇੜ੍ਹਿਆ ਮਨੁੱਖ ਚਸਕਿਆਂ ਵਿਚ ਵਿਕਾਰਾਂ ਵਿਚ ਪਦਾਰਥਾਂ ਦੇ ਸੁਆਦਾਂ ਵਿਚ ਮਸਤ ਰਹਿੰਦਾ ਹੈ, ਬੇਅੰਤ ਪਾਪ ਕਰ ਕਰ ਕੇ ਜਨਮ ਮਰਨ ਦੇ ਗੇੜਾਂ ਵਿਚ ਪਿਆ ਰਹਿੰਦਾ ਹੈ।
26752	615	ਨਾਨਕ ਕੀ ਪ੍ਰਭ ਪਾਹਿ ਬਿਨੰਤੀ ਕਾਟਹੁ ਅਵਗੁਣ ਮੇਰੇ॥੪॥੧੧॥੨੨॥		Naanak Kee Prabh Paahi Binanthee Kaattahu Avagun Maerae ||4||11||22||	Nanak offers his prayer to God, to eradicate his demerits. ||4||11||22||	ਹੇ ਭਾਈ! ਨਾਨਕ ਦੀ ਅਰਜ਼ੋਈ ਤਾਂ ਪ੍ਰਭੂ ਪਾਸ ਹੀ ਹੈ (ਨਾਨਕ ਪ੍ਰਭੂ ਨੂੰ ਹੀ ਆਖਦਾ ਹੈ-ਹੇ ਪ੍ਰਭੂ!) ਮੇਰੇ ਔਗੁਣ ਕੱਟ ਦੇਹ ॥੪॥੧੧॥੨੨॥
26753	615	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

26754	615	ਗੁਣ ਗਾਵਹੁ ਪੂਰਨ ਅਬਿਨਾਸੀ ਕਾਮ ਕ੍ਰੋਧ ਬਿਖੁ ਜਾਰੇ॥		Gun Gaavahu Pooran Abinaasee Kaam Krodhh Bikh Jaarae ||	Sing the Glorious Praises of the Perfect, Imperishable Lord, and the poison of sexual desire and anger shall be burnt away.	(ਹੇ ਭਾਈ! ਪੂਰੇ ਗੁਰੂ ਦੀ ਸਰਨ ਪੈ ਕੇ) ਸਰਬ-ਵਿਆਪਕ ਨਾਸ-ਰਹਿਤ ਪ੍ਰਭੂ ਦੇ ਗੁਣ ਗਾਇਆ ਕਰ। (ਜੇਹੜਾ ਮਨੁੱਖ ਇਹ ਉੱਦਮ ਕਰਦਾ ਹੈ ਗੁਰੂ ਉਸ ਦੇ ਅੰਦਰੋਂ ਆਤਮਕ ਮੌਤ ਲਿਆਉਣ ਵਾਲੇ) ਕਾਮ ਕ੍ਰੋਧ (ਆਦਿਕ ਦੀ) ਜ਼ਹਰ ਸਾੜ ਦੇਂਦਾ ਹੈ।
26755	615	ਮਹਾ ਬਿਖਮੁ ਅਗਨਿ ਕੋ ਸਾਗਰੁ ਸਾਧੂਸੰਗਿ ਉਧਾਰੇ॥੧॥		Mehaa Bikham Agan Ko Saagar Saadhhoo Sang Oudhhaarae ||1||	You shall cross over the awesome, arduous ocean of fire, in the Saadh Sangat, the Company of the Holy. ||1||	(ਇਹ ਜਗਤ ਵਿਕਾਰਾਂ ਦੀ) ਅੱਗ ਦਾ ਸਮੁੰਦਰ (ਹੈ, ਇਸ ਵਿਚੋਂ ਪਾਰ ਲੰਘਣਾ) ਬਹੁਤ ਕਠਨ ਹੈ (ਸਿਫ਼ਤ-ਸਾਲਾਹ ਦੇ ਗੀਤ ਗਾਣ ਵਾਲੇ ਮਨੁੱਖ ਨੂੰ ਗੁਰੂ) ਸਾਧ ਸੰਗਤਿ ਵਿਚ (ਰੱਖ ਕੇ, ਇਸ ਸਮੁੰਦਰ ਵਿਚੋਂ) ਪਾਰ ਲੰਘਾ ਦੇਂਦਾ ਹੈ ॥੧॥
26756	615	ਪੂਰੈ ਗੁਰਿ ਮੇਟਿਓ ਭਰਮੁ ਅੰਧੇਰਾ॥		Poorai Gur Maettiou Bharam Andhhaeraa ||	The Perfect Guru has dispelled the darkness of doubt.	(ਹੇ ਭਾਈ! ਪੂਰੇ ਗੁਰੂ ਦੀ ਸਰਨ ਪਉ। ਜੇਹੜਾ ਮਨੁੱਖ ਪੂਰੇ ਗੁਰੂ ਦੀ ਸਰਨ ਪਿਆ) ਪੂਰੇ ਗੁਰੂ ਨੇ (ਉਸ ਦਾ) ਭਰਮ ਮਿਟਾ ਦਿੱਤਾ, (ਉਸ ਦਾ ਮਾਇਆ ਦੇ ਮੋਹ ਦਾ) ਹਨੇਰਾ ਦੂਰ ਕਰ ਦਿੱਤਾ।

26757	615	ਭਜੁ ਪ੍ਰੇਮ ਭਗਤਿ ਪ੍ਰਭੁ ਨੇਰਾ॥ਰਹਾਉ॥		Bhaj Praem Bhagath Prabh Naeraa || Rehaao ||	Remember God with love and devotion; He is near at hand. ||Pause||	(ਹੇ ਭਾਈ! ਤੂੰ ਭੀ ਗੁਰੂ ਦੀ ਸਰਨ ਪੈ ਕੇ) ਪ੍ਰੇਮ-ਭਰੀ ਭਗਤੀ ਨਾਲ ਪ੍ਰਭੂ ਦਾ ਭਜਨ ਕਰਿਆ ਕਰ, (ਤੈਨੂੰ) ਪ੍ਰਭੂ ਅੰਗ-ਸੰਗ (ਦਿੱਸ ਪਏਗਾ) ਰਹਾਉ॥
26758	615	ਹਰਿ ਹਰਿ ਨਾਮੁ ਨਿਧਾਨ ਰਸੁ ਪੀਆ ਮਨ ਤਨ ਰਹੇ ਅਘਾਈ॥		Har Har Naam Nidhhaan Ras Peeaa Man Than Rehae Aghaaee ||	Drink in the sublime essence, the treasure of the Name of the Lord, Har, Har, and your mind and body shall remain satisfied.	ਹੇ ਭਾਈ! ਪਰਮਾਤਮਾ ਦਾ ਨਾਮ (ਸਾਰੇ ਰਸਾਂ ਦਾ ਖ਼ਜ਼ਾਨਾ ਹੈ, ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਇਸ) ਖ਼ਜ਼ਾਨੇ ਦਾ ਰਸ ਪੀਂਦਾ ਹੈ, ਉਸ ਦਾ ਮਨ ਉਸ ਦਾ ਤਨ (ਮਾਇਆ ਦੇ ਰਸਾਂ ਵਲੋਂ) ਰੱਜ ਜਾਂਦੇ ਹਨ।
26759	615	ਜਤ ਕਤ ਪੂਰਿ ਰਹਿਓ ਪਰਮੇਸਰੁ ਕਤ ਆਵੈ ਕਤ ਜਾਈ॥੨॥		Jath Kath Poor Rehiou Paramaesar Kath Aavai Kath Jaaee ||2||	The Transcendent Lord is totally permeating and pervading everywhere; where would He come from, and where would He go? ||2||	ਉਸ ਨੂੰ ਹਰ ਥਾਂ ਪਰਮਾਤਮਾ ਵਿਆਪਕ ਦਿੱਸ ਪੈਂਦਾ ਹੈ। ਉਹ ਮਨੁੱਖ ਫਿਰ ਨਾਹ ਜੰਮਦਾ ਹੈ ਨਾਹ ਮਰਦਾ ਹੈ ॥੨॥

26760	615	ਜਪ ਤਪ ਸੰਜਮ ਗਿਆਨ ਤਤ ਬੇਤਾ ਜਿਸੁ ਮਨਿ ਵਸੈ ਗੋਪਾਲਾ॥	ਗੋਪਾਲਾ:ਗੋ:ਹੋੜੇ ਔਂਕੜ ਵਿਚਕਾਰ ਬੋਲੋ	Jap Thap Sanjam Giaan Thath Baethaa Jis Man Vasai Guopaalaa ||	One whose mind is filled with the Lord, is a person of meditation, penance, self-restraint and spiritual wisdom, and a knower of reality.	ਹੇ ਭਾਈ! (ਗੁਰੂ ਦੀ ਰਾਹੀਂ) ਜਿਸ ਮਨੁੱਖ ਦੇ ਮਨ ਵਿਚ ਸ੍ਰਿਸ਼ਟੀ ਦਾ ਪਾਲਣ-ਹਾਰ ਆ ਵੱਸਦਾ ਹੈ, ਉਹ ਮਨੁੱਖ ਅਸਲੀ ਜਪ ਤਪ ਸੰਜਮ ਦਾ ਭੇਤ ਸਮਝਣ ਵਾਲਾ ਹੋ ਜਾਂਦਾ ਹੈ ਉਹ ਮਨੁੱਖ ਆਤਮਕ ਜੀਵਨ ਦੀ ਸੂਝ ਦਾ ਗਿਆਤਾ ਹੋ ਜਾਂਦਾ ਹੈ।
26761	615	ਨਾਮੁ ਰਤਨੁ ਜਿਨਿ ਗੁਰਮੁਖਿ ਪਾਇਆ ਤਾ ਕੀ ਪੂਰਨ ਘਾਲਾ॥੩॥		Naam Rathan Jin Guramukh Paaeiaa Thaa Kee Pooran Ghaalaa ||3||	The Gurmukh obtains the jewel of the Naam; his efforts come to perfect fruition. ||3||	ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਨਾਮ ਰਤਨ ਲੱਭ ਲਿਆ, ਉਸ ਦੀ (ਆਤਮਕ ਜੀਵਨ ਵਾਲੀ) ਮੇਹਨਤ ਕਾਮਯਾਬ ਹੋ ਗਈ ॥੩॥
26762	615	ਕਲਿ ਕਲੇਸ ਮਿਟੇ ਦੁਖ ਸਗਲੇ ਕਾਟੀ ਜਮ ਕੀ ਫਾਸਾ॥		Kal Kalaes Mittae Dhukh Sagalae Kaattee Jam Kee Faasaa ||	All his struggles, sufferings and pains are dispelled, and the noose of death is cut away from him.	ਉਸ ਮਨੁੱਖ ਦੀ ਜਮਾਂ ਵਾਲੀ ਫਾਹੀ ਕੱਟੀ ਗਈ (ਉਸ ਦੇ ਗਲੋਂ ਮਾਇਆ ਦੇ ਮੋਹ ਦੀ ਫਾਹੀ ਕੱਟੀ ਗਈ ਜੋ ਆਤਮਕ ਮੌਤ ਲਿਆ ਕੇ ਜਮਾਂ ਦੇ ਵੱਸ ਪਾਂਦੀ ਹੈ), ਉਸ ਦੇ ਸਾਰੇ ਦੁੱਖ ਕਲੇਸ਼ ਕਸ਼ਟ ਦੂਰ ਹੋ ਗਏ,
26763	615	ਕਹੁ ਨਾਨਕ ਪ੍ਰਭਿ ਕਿਰਪਾ ਧਾਰੀ ਮਨ ਤਨ ਭਏ ਬਿਗਾਸਾ॥੪॥੧੨॥੨੩॥		Kahu Naanak Prabh Kirapaa Dhhaaree Man Than Bheae Bigaasaa ||4||12||23||	Says Nanak, God has extended His Mercy, and so his mind and body blossom forth. ||4||12||23||	ਨਾਨਕ ਆਖਦਾ ਹੈ- ਜਿਸ ਮਨੁੱਖ ਉਤੇ ਪ੍ਰਭੂ ਨੇ ਮੇਹਰ ਕੀਤੀ (ਉਸ ਨੂੰ ਪ੍ਰਭੂ ਨੇ ਗੁਰੂ ਮਿਲਾ ਦਿੱਤਾ, ਤੇ) ਉਸ ਦਾ ਮਨ ਉਸ ਦਾ ਤਨ ਆਤਮਕ ਆਨੰਦ ਨਾਲ ਪ੍ਰਫੁਲਤ ਹੋ ਗਿਆ ॥੪॥੧੨॥੨੩॥

26764	615	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26765	615	ਕਰਣ ਕਰਾਵਣਹਾਰ ਪ੍ਰਭੁ ਦਾਤਾ ਪਾਰਬ੍ਰਹਮ ਪ੍ਰਭੁ ਸੁਆਮੀ॥		Karan Karaavanehaar Prabh Dhaathaa Paarabreham Prabh Suaamee ||	God is the Doer, the Cause of causes, the Great Giver; God is the Supreme Lord and Master.	(ਹੇ ਭਾਈ! ਜਿਸ ਮਨੁੱਖ ਦਾ ਸਹਾਈ ਗੁਰੂ ਬਣ ਜਾਂਦਾ ਹੈ, ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਪਰਮਾਤਮਾ ਸਭ ਕੁਝ ਕਰ ਸਕਣ ਵਾਲਾ ਹੈ (ਜੀਵਾਂ ਪਾਸੋਂ) ਸਭ ਕੁਝ ਕਰਾ ਸਕਣ ਵਾਲਾ ਹੈ, ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ, ਸਭ ਦਾ ਮਾਲਕ ਹੈ।
26766	615	ਸਗਲੇ ਜੀਅ ਕੀਏ ਦਇਆਲਾ ਸੋ ਪ੍ਰਭੁ ਅੰਤਰਜਾਮੀ॥੧॥		Sagalae Jeea Keeeae Dhaeiaalaa So Prabh Antharajaamee ||1||	The Merciful Lord created all beings; God is the Inner-knower, the Searcher of hearts. ||1||	ਸਾਰੇ ਜੀਵ ਉਸੇ ਦਇਆ-ਦੇ-ਘਰ ਪ੍ਰਭੂ ਨੇ ਪੈਦਾ ਕੀਤੇ ਹੋਏ ਹਨ, ਉਹ ਪ੍ਰਭੂ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ ॥੧॥
26767	615	ਮੇਰਾ ਗੁਰੁ ਹੋਆ ਆਪਿ ਸਹਾਈ॥		Maeraa Gur Hoaa Aap Sehaaee ||	My Guru is Himself my friend and support.	ਹੇ ਭਾਈ! ਮੇਰਾ ਗੁਰੂ (ਜਿਸ ਮਨੁੱਖ ਦਾ) ਮਦਦਗਾਰ ਆਪ ਬਣਦਾ ਹੈ,
26768	615	ਸੂਖ ਸਹਜ ਆਨੰਦ ਮੰਗਲ ਰਸ ਅਚਰਜ ਭਈ ਬਡਾਈ॥ਰਹਾਉ॥	ਅ-ਚਰਜ	Sookh Sehaj Aanandh Mangal Ras Acharaj Bhee Baddaaee || Rehaao ||	I am in celestial peace, bliss, joy, pleasure and wondrous glory. ||Pause||	ਉਸ ਮਨੁੱਖ ਦੇ ਅੰਦਰ ਆਤਮਕ ਅਡੋਲਤਾ ਦੇ ਸੁਖ ਆਨੰਦ ਖ਼ੁਸ਼ੀਆਂ ਤੇ ਸੁਆਦ ਉੱਘੜ ਪੈਂਦੇ ਹਨ। ਉਸ ਮਨੁੱਖ ਨੂੰ (ਲੋਕ ਪਰਲੋਕ ਵਿਚ) ਐਸੀ ਇੱਜ਼ਤ ਮਿਲਦੀ ਹੈ ਕਿ ਹੈਰਾਨ ਹੋ ਜਾਈਦਾ ਹੈ ਰਹਾਉ॥

26769	615	ਗੁਰ ਕੀ ਸਰਣਿ ਪਏ ਭੈ ਨਾਸੇ ਸਾਚੀ ਦਰਗਹ ਮਾਨੇ॥		Gur Kee Saran Peae Bhai Naasae Saachee Dharageh Maanae ||	Seeking the Sanctuary of the Guru, my fears have been dispelled, and I am accepted in the Court of the True Lord.	ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸਰਨ ਆ ਪੈਂਦੇ ਹਨ, ਉਹਨਾਂ ਦੇ ਸਾਰੇ ਡਰ ਦੂਰ ਹੋ ਜਾਂਦੇ ਹਨ, ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਹਜ਼ੂਰੀ ਵਿਚ ਉਹਨਾਂ ਨੂੰ ਆਦਰ ਮਿਲਦਾ ਹੈ।
26770	615	ਗੁਣ ਗਾਵਤ ਆਰਾਧਿ ਨਾਮੁ ਹਰਿ ਆਏ ਅਪੁਨੈ ਥਾਨੇ॥੨॥		Gun Gaavath Aaraadhh Naam Har Aaeae Apunai Thhaanae ||2||	Singing His Glorious Praises, and worshipping in adoration the Name of the Lord, I have reached my destination. ||2||	ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾ ਕੇ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਉਹ ਆਪਣੇ (ਉਸ ਹਿਰਦੇ-) ਥਾਂ ਵਿਚ ਆ ਟਿਕਦੇ ਹਨ (ਜਿਥੋਂ ਕੋਈ ਵਿਕਾਰ ਉਹਨਾਂ ਨੂੰ ਕੱਢ ਕੇ ਭਟਕਣਾ ਵਿਚ ਨਹੀਂ ਪਾ ਸਕਦਾ) ॥੨॥
26771	615	ਜੈ ਜੈਕਾਰੁ ਕਰੈ ਸਭ ਉਸਤਤਿ ਸੰਗਤਿ ਸਾਧ ਪਿਆਰੀ॥		Jai Jai Kaar Karai Sabh Ousathath Sangath Saadhh Piaaree ||	Everyone applauds and congratulates me; the Saadh Sangat, the Company of the Holy, is dear to me.	ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਦੀ ਸੰਗਤਿ ਪਿਆਰੀ ਲੱਗਣ ਲੱਗ ਪੈਂਦੀ ਹੈ, ਸਾਰੀ ਲੁਕਾਈ ਉਸ ਦੀ ਵਡਿਆਈ ਕਰਦੀ ਹੈ, ਸੋਭਾ ਕਰਦੀ ਹੈ।
26772	615	ਸਦ ਬਲਿਹਾਰਿ ਜਾਉ ਪ੍ਰਭ ਅਪੁਨੇ ਜਿਨਿ ਪੂਰਨ ਪੈਜ ਸਵਾਰੀ॥੩॥		Sadh Balihaar Jaao Prabh Apunae Jin Pooran Paij Savaaree ||3||	I am forever a sacrifice to my God, who has totally protected and preserved my honor. ||3||	ਹੇ ਭਾਈ! ਮੈਂ (ਭੀ) ਆਪਣੇ ਪ੍ਰਭੂ ਤੋਂ ਸਦਾ ਸਦਕੇ ਜਾਂਦਾ ਹਾਂ ਜਿਸ ਨੇ (ਮੈਨੂੰ ਗੁਰੂ ਦੀ ਸਰਨ ਪਾ ਕੇ) ਮੇਰੀ ਇੱਜ਼ਤ ਪੂਰੇ ਤੌਰ ਤੇ ਰੱਖ ਲਈ ਹੈ ॥੩॥

26773	615	ਗੋਸਟਿ ਗਿਆਨੁ ਨਾਮੁ ਸੁਣਿ ਉਧਰੇ ਜਿਨਿ ਜਿਨਿ ਦਰਸਨੁ ਪਾਇਆ॥		Gosatt Giaan Naam Sun Oudhharae Jin Jin Dharasan Paaeiaa ||	They are saved, who receive the Blessed Vision of His Darshan; they listen to the spiritual dialogue of the Naam.	ਹੇ ਭਾਈ! ਜਿਸ ਜਿਸ ਮਨੁੱਖ ਨੇ (ਗੁਰੂ ਦਾ) ਦਰਸਨ ਕੀਤਾ ਹੈ, ਉਹਨਾਂ ਨੂੰ ਪ੍ਰਭੂ ਦਾ ਮਿਲਾਪ ਪ੍ਰਾਪਤ ਹੋ ਗਿਆ, ਉਹਨਾਂ ਨੂੰ ਆਤਮਕ ਜੀਵਨ ਦੀ ਸੂਝ ਪ੍ਰਾਪਤ ਹੋ ਗਈ, ਪ੍ਰਭੂ ਦਾ ਨਾਮ ਸੁਣ ਸੁਣ ਕੇ ਉਹ ਮਨੁੱਖ (ਵਿਕਾਰਾਂ ਦੇ ਹੱਲਿਆਂ ਤੋਂ) ਬਚ ਗਏ।
26774	615	ਭਇਓ ਕ੍ਰਿਪਾਲੁ ਨਾਨਕ ਪ੍ਰਭੁ ਅਪੁਨਾ ਅਨਦ ਸੇਤੀ ਘਰਿ ਆਇਆ॥੪॥੧੩॥੨੪॥		Bhaeiou Kirapaal Naanak Prabh Apunaa Anadh Saethee Ghar Aaeiaa ||4||13||24||	Nanak's God has become Merciful to him; he has arrived home in ecstasy. ||4||13||24||	ਹੇ ਨਾਨਕ! ਜਿਸ ਮਨੁੱਖ ਉਤੇ ਪਿਆਰਾ ਪ੍ਰਭੂ ਦਇਆਵਾਨ ਹੋਇਆ ਉਹ ਮਨੁੱਖ ਆਤਮਕ ਅਨੰਦ ਨਾਲ ਪ੍ਰਭੂ-ਚਰਨਾਂ ਵਿਚ ਲੀਨ ਹੋ ਗਿਆ ॥੪॥੧੩॥੨੪॥
26775	615	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26776	615	ਪ੍ਰਭ ਕੀ ਸਰਣਿ ਸਗਲ ਭੈ ਲਾਥੇ ਦੁਖ ਬਿਨਸੇ ਸੁਖੁ ਪਾਇਆ॥		Prabh Kee Saran Sagal Bhai Laathhae Dhukh Binasae Sukh Paaeiaa ||	In God's Sanctuary all fears depart suffering disappears, and peace is obtained.	ਹੇ ਭਾਈ! ਪਰਮਾਤਮਾ ਦੀ ਸਰਨ ਪਿਆਂ ਮਨੁੱਖ ਦੇ ਸਾਰੇ ਡਰ ਲਹਿ ਜਾਂਦੇ ਹਨ, ਉਸ ਦੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ, ਉਹ (ਸਦਾ) ਆਤਮਕ ਆਨੰਦ ਮਾਣਦਾ ਹੈ।

26777	615	ਦਇਆਲੁ ਹੋਆ ਪਾਰਬ੍ਰਹਮੁ ਸੁਆਮੀ ਪੂਰਾ ਸਤਿਗੁਰੁ ਧਿਆਇਆ॥੧॥		Dhaeiaal Hoaa Paarabreham Suaamee Pooraa Sathigur Dhhiaaeiaa ||1||	When the Supreme Lord God and Master becomes merciful, we meditate on the Perfect True Guru. ||1||	(ਉਹ ਮਨੁੱਖ ਪਰਮਾਤਮਾ ਦੀ ਸਰਨ ਪੈਂਦਾ ਹੈ) ਜੇਹੜਾ ਮਨੁੱਖ ਪੂਰੇ ਗੁਰੂ ਦਾ ਧਿਆਨ ਧਰਦਾ ਹੈ, ਉਸ ਉੱਤੇ ਮਾਲਕ ਪਰਮਾਤਮਾ ਦਇਆਵਾਨ ਹੁੰਦਾ ਹੈ ॥੧॥
26778	615	ਪ੍ਰਭ ਜੀਉ ਤੂ ਮੇਰੋ ਸਾਹਿਬੁ ਦਾਤਾ॥		Prabh Jeeo Thoo Maero Saahib Dhaathaa ||	O Dear God, You are my Lord Master and Great Giver.	ਹੇ ਪ੍ਰਭੂ ਜੀ! ਤੂੰ ਮੇਰਾ ਮਾਲਕ ਹੈਂ, ਤੂੰ ਮੈਨੂੰ ਸਾਰੀਆਂ ਦਾਤਾਂ ਦੇਣ ਵਾਲਾ ਹੈਂ।
26779	615	ਕਰਿ ਕਿਰਪਾ ਪ੍ਰਭ ਦੀਨ ਦਇਆਲਾ ਗੁਣ ਗਾਵਉ ਰੰਗਿ ਰਾਤਾ॥ਰਹਾਉ॥		Kar Kirapaa Prabh Dheen Dhaeiaalaa Gun Gaavo Rang Raathaa || Rehaao ||	By Your Mercy, O God, Merciful to the meek, imbue me with Your Love, that I might sing Your Glorious Praises. ||Pause||	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! (ਮੇਰੇ ਉਤੇ) ਮੇਹਰ ਕਰ, ਮੈਂ ਤੇਰੇ ਪ੍ਰੇਮ-ਰੰਗ ਵਿਚ ਰੰਗੀਜ ਕੇ ਤੇਰੇ ਗੁਣ ਗਾਂਦਾ ਰਹਾਂ ਰਹਾਉ॥
26780	615	ਸਤਿਗੁਰਿ ਨਾਮੁ ਨਿਧਾਨੁ ਦ੍ਰਿੜਾਇਆ ਚਿੰਤਾ ਸਗਲ ਬਿਨਾਸੀ॥		Sathigur Naam Nidhhaan Dhrirraaeiaa Chinthaa Sagal Binaasee ||	The True Guru has implanted the treasure of the Naam within me, and all my anxieties have been dispelled.	ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਨੇ ਸਾਰੇ ਸੁਖਾਂ ਦਾ ਖ਼ਜ਼ਾਨਾ ਪ੍ਰਭੂ-ਨਾਮ ਪੱਕਾ ਕਰ ਦਿੱਤਾ, ਉਸ ਦੀ ਸਾਰੀ ਚਿੰਤਾ ਦੂਰ ਹੋ ਗਈ।

26781	616	ਕਰਿ ਕਿਰਪਾ ਅਪੁਨੋ ਕਰਿ ਲੀਨਾ ਮਨਿ ਵਸਿਆ ਅਬਿਨਾਸੀ॥੨॥		Kar Kirapaa Apuno Kar Leenaa Man Vasiaa Abinaasee ||2||	By His Mercy, He has made me His own, and the imperishable Lord has come to dwell within my mind. ||2||	ਪਰਮਾਤਮਾ ਮੇਹਰ ਕਰ ਕੇ ਉਸ ਨੂੰ ਆਪਣਾ ਬਣਾ ਲੈਂਦਾ ਹੈ, ਉਸ ਦੇ ਮਨ ਵਿਚ ਨਾਸ ਰਹਿਤ ਪਰਮਾਤਮਾ ਆ ਵੱਸਦਾ ਹੈ ॥੨॥
26782	616	ਤਾ ਕਉ ਬਿਘਨੁ ਨ ਕੋਊ ਲਾਗੈ ਜੋ ਸਤਿਗੁਰਿ ਅਪੁਨੈ ਰਾਖੇ॥		Thaa Ko Bighan N Kooo Laagai Jo Sathigur Apunai Raakhae ||	No misfortune afflicts one who is protected by the True Guru.	ਹੇ ਭਾਈ! ਆਪਣੇ ਗੁਰੂ ਨੇ ਜਿਸ ਮਨੁੱਖ ਦੀ ਰੱਖਿਆ ਕੀਤੀ ਉਸ ਨੂੰ (ਆਤਮਕ ਜੀਵਨ ਦੇ ਰਸਤੇ ਵਿਚ) ਕੋਈ ਰੁਕਾਵਟ ਨਹੀਂ ਆਉਂਦੀ।
26783	616	ਚਰਨਕਮਲ ਬਸੇ ਰਿਦ ਅੰਤਰਿ ਅੰਮ੍ਰਿਤ ਹਰਿ ਰਸੁ ਚਾਖੇ॥੩॥		Charan Kamal Basae Ridh Anthar Anmrith Har Ras Chaakhae ||3||	The Lotus Feet of God come to abide within his heart, and he savors the sublime essence of the Lord's Ambrosial Nectar. ||3||	ਪਰਮਾਤਮਾ ਦੇ ਕੋਮਲ ਫੁੱਲਾਂ ਵਰਗੇ ਕੋਮਲ ਚਰਨ ਉਸ ਦੇ ਹਿਰਦੇ ਵਿਚ ਆ ਵੱਸਦੇ ਹਨ, ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਰਸ ਸਦਾ ਚੱਖਦਾ ਹੈ ॥੩॥
26784	616	ਕਰਿ ਸੇਵਾ ਸੇਵਕ ਪ੍ਰਭ ਅਪੁਨੇ ਜਿਨਿ ਮਨ ਕੀ ਇਛ ਪੁਜਾਈ॥		Kar Saevaa Saevak Prabh Apunae Jin Man Kee Eishh Pujaaee ||	So, as a servant, serve your God, who fulfills your mind's desires.	ਹੇ ਭਾਈ! ਜਿਸ ਪਰਮਾਤਮਾ ਨੇ (ਹਰ ਵੇਲੇ) ਤੇਰੇ ਮਨ ਦੀ (ਹਰੇਕ) ਕਾਮਨਾ ਪੂਰੀ ਕੀਤੀ ਹੈ, ਸੇਵਕਾਂ ਵਾਂਗ ਉਸ ਦੀ ਸੇਵਾ-ਭਗਤੀ ਕਰਦਾ ਰਹੁ।

26785	616	ਨਾਨਕ ਦਾਸ ਤਾ ਕੈ ਬਲਿਹਾਰੈ ਜਿਨਿ ਪੂਰਨ ਪੈਜ ਰਖਾਈ॥੪॥੧੪॥੨੫॥		Naanak Dhaas Thaa Kai Balihaarai Jin Pooran Paij Rakhaaee ||4||14||25||	Slave Nanak is a sacrifice to the Perfect Lord, who has protected and preserved his honor. ||4||14||25||	ਹੇ ਦਾਸ ਨਾਨਕ! (ਆਖ-) ਮੈਂ ਉਸ ਪ੍ਰਭੂ ਤੋਂ ਸਦਕੇ ਜਾਂਦਾ ਹਾਂ, ਜਿਸ ਨੇ (ਵਿਘਨਾਂ ਦੇ ਟਾਕਰੇ ਤੇ ਹਰ ਵੇਲੇ) ਪੂਰੇ ਤੌਰ ਤੇ ਇੱਜ਼ਤ ਰੱਖੀ ਹੈ ॥੪॥੧੪॥੨੫॥
26786	616	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26787	616	ਮਾਇਆ ਮੋਹ ਮਗਨੁ ਅੰਧਿਆਰੈ ਦੇਵਨਹਾਰੁ ਨ ਜਾਨੈ॥		Maaeiaa Moh Magan Andhhiaarai Dhaevanehaar N Jaanai ||	Infatuated with the darkness of emotional attachment to Maya, he does not know the Lord, the Great Giver.	ਮਨੁੱਖ ਮਾਇਆ ਦੇ ਮੋਹ ਦੇ (ਆਤਮਕ) ਹਨੇਰੇ ਵਿਚ ਮਸਤ ਰਹਿ ਕੇ ਸਭ ਦਾਤਾਂ ਦੇਣ ਵਾਲੇ ਪ੍ਰਭੂ ਨਾਲ ਜੀਵ ਡੂੰਘੀ ਸਾਂਝ ਨਹੀਂ ਪਾਂਦਾ।
26788	616	ਜੀਉ ਪਿੰਡੁ ਸਾਜਿ ਜਿਨਿ ਰਚਿਆ ਬਲੁ ਅਪੁਨੋ ਕਰਿ ਮਾਨੈ॥੧॥		Jeeo Pindd Saaj Jin Rachiaa Bal Apuno Kar Maanai ||1||	The Lord created his body and fashioned his soul, but he claims that his power is his own. ||1||	ਜਿਸ ਪਰਮਾਤਮਾ ਨੇ ਸਰੀਰ ਜਿੰਦ ਬਣਾ ਕੇ ਜੀਵ ਨੂੰ ਪੈਦਾ ਕੀਤਾ ਹੋਇਆ ਹੈ, (ਉਸ ਨੂੰ ਭੁਲਾ ਕੇ) ਆਪਣੀ ਤਾਕਤ ਨੂੰ ਹੀ ਵੱਡੀ ਸਮਝਦਾ ਹੈ ॥੧॥
26789	616	ਮਨ ਮੂੜੇ ਦੇਖਿ ਰਹਿਓ ਪ੍ਰਭ ਸੁਆਮੀ॥		Man Moorrae Dhaekh Rehiou Prabh Suaamee ||	O foolish mind, God, your Lord and Master is watching over you.	ਹੇ ਮੂਰਖ ਮਨ! ਮਾਲਕ ਪ੍ਰਭੂ (ਤੇਰੀਆਂ ਸਾਰੀਆਂ ਕਰਤੂਤਾਂ ਨੂੰ ਹਰ ਵੇਲੇ) ਵੇਖ ਰਿਹਾ ਹੈ।

26790	616	ਜੋ ਕਿਛੁ ਕਰਹਿ ਸੋਈ ਸੋਈ ਜਾਨੈ ਰਹੈ ਨ ਕਛੂਐ ਛਾਨੀ॥ਰਹਾਉ॥	(ਛਾਨੀ) ਲੁਕੀ	Jo Kishh Karehi Soee Soee Jaanai Rehai N Kashhooai Shhaanee || Rehaao ||	Whatever you do, He knows; nothing can remain concealed from Him. ||Pause||	ਤੂੰ ਜੋ ਕੁਝ ਕਰਦਾ ਹੈਂ, (ਮਾਲਕ-ਪ੍ਰਭੂ) ਉਹੀ ਉਹੀ ਜਾਣ ਲੈਂਦਾ ਹੈ, (ਉਸ ਪਾਸੋਂ ਤੇਰੀ) ਕੋਈ ਭੀ ਕਰਤੂਤ ਲੁਕੀ ਨਹੀਂ ਰਹਿ ਸਕਦੀ ਰਹਾਉ॥
26791	616	ਜਿਹਵਾ ਸੁਆਦ ਲੋਭ ਮਦਿ ਮਾਤੋ ਉਪਜੇ ਅਨਿਕ ਬਿਕਾਰਾ॥		Jihavaa Suaadh Lobh Madh Maatho Oupajae Anik Bikaaraa ||	You are intoxicated with the tastes of the tongue, with greed and pride; countless sins spring from these.	ਹੇ ਭਾਈ! ਮਨੁੱਖ ਜੀਭ ਦੇ ਸੁਆਦਾਂ ਵਿਚ, ਲੋਭ ਦੇ ਨਸ਼ੇ ਵਿਚ ਮਸਤ ਰਹਿੰਦਾ ਹੈ (ਜਿਸ ਕਰਕੇ ਇਸ ਦੇ ਅੰਦਰ) ਅਨੇਕਾਂ ਵਿਕਾਰ ਪੈਦਾ ਹੋ ਜਾਂਦੇ ਹਨ।
26792	616	ਬਹੁਤੁ ਜੋਨਿ ਭਰਮਤ ਦੁਖੁ ਪਾਇਆ ਹਉਮੈ ਬੰਧਨ ਕੇ ਭਾਰਾ॥੨॥		Bahuth Jon Bharamath Dhukh Paaeiaa Houmai Bandhhan Kae Bhaaraa ||2||	You wandered in pain through countless incarnations, weighed down by the chains of egotism. ||2||	ਮਨੁੱਖ ਹਉਮੈ ਦੀਆਂ ਜ਼ੰਜੀਰਾਂ ਦੇ ਭਾਰ ਹੇਠ ਦਬ ਜਾਂਦਾ ਹੈ, ਬਹੁਤ ਜੂਨਾਂ ਵਿਚ ਭਟਕਦਾ ਫਿਰਦਾ ਹੈ, ਤੇ, ਦੁੱਖ ਸਹਾਰਦਾ ਰਹਿੰਦਾ ਹੈ ॥੨॥
26793	616	ਦੇਇ ਕਿਵਾੜ ਅਨਿਕ ਪੜਦੇ ਮਹਿ ਪਰ ਦਾਰਾ ਸੰਗਿ ਫਾਕੈ॥	ਦੇ-ਇ- (ਕਿਵਾੜ) ਦਰਵਾਜ਼ਾ। (ਫਾਕੈ) ਕੁਕਰਮ ਕਰਦਾ	Dhaee Kivaarr Anik Parradhae Mehi Par Dhaaraa Sang Faakai ||	Behind closed doors, hidden by many screens, the man takes his pleasure with another man's wife.	(ਮਾਇਆ ਦੇ ਮੋਹ ਦੇ ਹਨੇਰੇ ਵਿਚ ਫਸਿਆ ਮਨੁੱਖ) ਦਰਵਾਜ਼ੇ ਬੰਦ ਕਰਕੇ ਅਨੇਕਾਂ ਪਰਦਿਆਂ ਦੇ ਪਿੱਛੇ ਪਰਾਈ ਇਸਤ੍ਰੀ ਨਾਲ ਕੁਕਰਮ ਕਰਦਾ ਹੈ।

26794	616	ਚਿਤ੍ਰ ਗੁਪਤੁ ਜਬ ਲੇਖਾ ਮਾਗਹਿ ਤਬ ਕਉਣੁ ਪੜਦਾ ਤੇਰਾ ਢਾਕੈ॥੩॥	ਪੜਦਾ:ੜ ਹਲੰਤ ਨ ਲਾਉ	Chithr Gupath Jab Laekhaa Maagehi Thab Koun Parradhaa Thaeraa Dtaakai ||3||	When Chitr and Gupt, the celestial accountants of the conscious and subconscious, call for your account, who will screen you then? ||3||	(ਪਰ, ਹੇ ਭਾਈ!) ਜਦੋਂ (ਧਰਮ ਰਾਜ ਦੇ ਦੂਤ) ਚਿੱਤ੍ਰ ਅਤੇ ਗੁਪਤ (ਤੇਰੀਆਂ ਕਰਤੂਤਾਂ ਦਾ) ਹਿਸਾਬ ਮੰਗਣਗੇ, ਤਦੋਂ ਕੋਈ ਭੀ ਤੇਰੀਆਂ ਕਰਤੂਤਾਂ ਉਤੇ ਪਰਦਾ ਨਹੀਂ ਪਾ ਸਕੇਗਾ ॥੩॥
26795	616	ਦੀਨ ਦਇਆਲ ਪੂਰਨ ਦੁਖਭੰਜਨ ਤੁਮ ਬਿਨੁ ਓਟ ਨ ਕਾਈ॥		Dheen Dhaeiaal Pooran Dhukh Bhanjan Thum Bin Outt N Kaaee ||	O Perfect Lord, Merciful to the meek, Destroyer of pain, without You, I have no shelter at all.	ਹੇ ਨਾਨਕ! (ਆਖ-) ਦੀਨਾਂ ਉਤੇ ਦਇਆ ਕਰਨ ਵਾਲੇ! ਹੇ ਸਰਬ-ਵਿਆਪਕ! ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਤੈਥੋਂ ਬਿਨਾ ਹੋਰ ਕੋਈ ਆਸਰਾ ਨਹੀਂ ਹੈ।
26796	616	ਕਾਢਿ ਲੇਹੁ ਸੰਸਾਰ ਸਾਗਰ ਮਹਿ ਨਾਨਕ ਪ੍ਰਭ ਸਰਣਾਈ॥੪॥੧੫॥ ੨੬॥		Kaadt Laehu Sansaar Saagar Mehi Naanak Prabh Saranaaee ||4||15||26||	Please, lift me up out of the world-ocean; O God, I have come to Your Sanctuary. ||4||15||26||	ਹੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ। ਸੰਸਾਰ-ਸਮੁੰਦਰ ਵਿਚ (ਡੁੱਬਦੇ ਨੂੰ ਮੈਨੂੰ ਬਾਂਹ ਫੜ ਕੇ) ਕੱਢ ਲੈ ॥੪॥੧੫॥੨੬॥
26797	616	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

26798	616	ਪਾਰਬ੍ਰਹਮੁ ਹੋਆ ਸਹਾਈ ਕਥਾ ਕੀਰਤਨੁ ਸੁਖਦਾਈ॥		Paarabreham Hoaa Sehaaee Kathhaa Keerathan Sukhadhaaee ||	The Supreme Lord God has become my helper and friend; His sermon and the Kirtan of His Praises have brought me peace.	(ਜੇਹੜਾ ਮਨੁੱਖ ਸਤਿਗੁਰੂ ਦੀ ਬਾਣੀ ਨਾਲ ਪਿਆਰ ਬਣਾਂਦਾ ਹੈ) ਪਰਮਾਤਮਾ (ਉਸ ਦਾ) ਮਦਦਗਾਰ ਬਣ ਜਾਂਦਾ ਹੈ, ਪਰਮਾਤਮਾ ਦੀ ਸਿਫ਼ਤ-ਸਾਲਾਹ (ਉਸ ਦੇ ਅੰਦਰ) ਆਤਮਕ ਆਨੰਦ ਪੈਦਾ ਕਰਦੀ ਹੈ।
26799	616	ਗੁਰ ਪੂਰੇ ਕੀ ਬਾਣੀ ਜਪਿ ਅਨਦੁ ਕਰਹੁ ਨਿਤ ਪ੍ਰਾਣੀ॥੧॥		Gur Poorae Kee Baanee Jap Anadh Karahu Nith Praanee ||1||	Chant the Word of the Perfect Guru's Bani, and be ever in bliss, O mortal. ||1||	ਹੇ ਪ੍ਰਾਣੀ! ਪੂਰੇ ਗੁਰੂ ਦੀ (ਸਿਫ਼ਤ-ਸਾਲਾਹ ਦੀ) ਬਾਣੀ ਸਦਾ ਪੜ੍ਹਿਆ ਕਰ, ਤੇ, ਆਤਮਕ ਆਨੰਦ ਮਾਣਿਆ ਕਰ ॥੧॥
26800	616	ਹਰਿ ਸਾਚਾ ਸਿਮਰਹੁ ਭਾਈ॥		Har Saachaa Simarahu Bhaaee ||	Remember the True Lord in meditation, O Siblings of Destiny.	ਹੇ ਭਾਈ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਸਿਮਰਨ ਕਰਦੇ ਰਿਹਾ ਕਰੋ,
26801	616	ਸਾਧਸੰਗਿ ਸਦਾ ਸੁਖੁ ਪਾਈਐ ਹਰਿ ਬਿਸਰਿ ਨ ਕਬਹੂ ਜਾਈ॥ਰਹਾਉ॥		Saadhhasang Sadhaa Sukh Paaeeai Har Bisar N Kabehoo Jaaee || Rehaao ||	In the Saadh Sangat, the Company of the Holy, eternal peace is obtained, and the Lord is never forgotten. ||Pause||	(ਸਿਮਰਨ ਦੀ ਬਰਕਤਿ ਨਾਲ) ਸਾਧ ਸੰਗਤਿ ਵਿਚ ਸਦਾ ਆਤਮਕ ਆਨੰਦ ਮਾਣੀਦਾ ਹੈ, ਤੇ, ਪਰਮਾਤਮਾ ਕਦੇ ਭੁੱਲਦਾ ਨਹੀਂ ਰਹਾਉ॥

26802	616	ਅੰਮ੍ਰਿਤ ਨਾਮੁ ਪਰਮੇਸੁਰ ਤੇਰਾ ਜੋ ਸਿਮਰੈ ਸੋ ਜੀਵੈ॥		Anmrith Naam Paramaesar Thaeraa Jo Simarai So Jeevai ||	Your Name, O Transcendent Lord, is Ambrosial Nectar; whoever meditates on it, lives.	ਹੇ ਸਭ ਤੋਂ ਉੱਚੇ ਮਾਲਕ! (ਪਰਮੇਸਰ!) ਤੇਰਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ। ਜੇਹੜਾ ਮਨੁੱਖ ਤੇਰਾ ਨਾਮ ਸਿਮਰਦਾ ਹੈ ਉਹ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ।
26803	616	ਜਿਸ ਨੋ ਕਰਮਿ ਪਰਾਪਤਿ ਹੋਵੈ ਸੋ ਜਨੁ ਨਿਰਮਲੁ ਥੀਵੈ॥੨॥		Jis No Karam Paraapath Hovai So Jan Niramal Thheevai ||2||	One who is blessed with God's Grace - that humble servant becomes immaculate and pure. ||2||	ਜਿਸ ਮਨੁੱਖ ਨੂੰ ਤੇਰੀ ਮੇਹਰ ਨਾਲ (ਹੇ ਪਰਮੇਸਰ!) ਤੇਰਾ ਨਾਮ ਹਾਸਲ ਹੁੰਦਾ ਹੈ, ਉਹ ਮਨੁੱਖ ਪਵਿੱਤ੍ਰ ਜੀਵਨ ਵਾਲਾ ਬਣ ਜਾਂਦਾ ਹੈ ॥੨॥
26804	616	ਬਿਘਨ ਬਿਨਾਸਨ ਸਭਿ ਦੁਖ ਨਾਸਨ ਗੁਰ ਚਰਣੀ ਮਨੁ ਲਾਗਾ॥		Bighan Binaasan Sabh Dhukh Naasan Gur Charanee Man Laagaa ||	Obstacles are removed, and all pains are eliminated; my mind is attached to the Guru's feet.	(ਹੇ ਭਾਈ! ਗੁਰੂ ਦੇ ਚਰਨ ਆਤਮਕ ਜੀਵਨ ਦੇ ਰਾਹ ਵਿਚੋਂ ਸਾਰੀਆਂ) ਰੁਕਾਵਟਾਂ ਨਾਸ ਕਰਨ ਵਾਲੇ ਹਨ, ਸਾਰੇ ਦੁੱਖ ਦੂਰ ਕਰਨ ਵਾਲੇ ਹਨ। ਜਿਸ ਮਨੁੱਖ ਦਾ ਮਨ ਗੁਰੂ ਦੇ ਚਰਨਾਂ ਵਿਚ ਪਰਚਦਾ ਹੈ,
26805	616	ਗੁਣ ਗਾਵਤ ਅਚੁਤ ਅਬਿਨਾਸੀ ਅਨ ਦਿਨੁ ਹਰਿ ਰੰਗਿ ਜਾਗਾ॥੩॥	ਅ-ਚੁੱਤ	Gun Gaavath Achuth Abinaasee Anadhin Har Rang Jaagaa ||3||	Singing the Glorious Praises of the immovable and imperishable Lord, one remains awake to the Lord's Love, day and night. ||3||	ਉਹ ਮਨੁੱਖ ਹਰ ਵੇਲੇ ਅਬਿਨਾਸੀ ਤੇ ਅਟੱਲ ਪਰਮਾਤਮਾ ਦੇ ਗੁਣ ਗਾਂਦਾ ਗਾਂਦਾ ਪ੍ਰਭੂ ਦੇ ਪ੍ਰੇਮ-ਰੰਗ ਵਿਚ ਲੀਨ ਹੋ ਕੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ ॥੩॥

26806	616	ਮਨ ਇਛੇ ਸੇਈ ਫਲ ਪਾਏ ਹਰਿ ਕੀ ਕਥਾ ਸੁਹੇਲੀ॥		Man Eishhae Saeee Fal Paaeae Har Kee Kathhaa Suhaelee ||	He obtains the fruits of his mind's desires, listening to the comforting sermon of the Lord.	ਹੇ ਭਾਈ! ਪਰਮਾਤਮਾ ਦੀ ਸਿਫ਼ਤ-ਸਾਲਾਹ ਆਤਮਕ ਆਨੰਦ ਦੇਣ ਵਾਲੀ ਹੈ (ਸਿਫ਼ਤ-ਸਾਲਾਹ ਕਰਨ ਵਾਲਾ ਮਨੁੱਖ) ਉਹੀ ਫਲ ਪ੍ਰਾਪਤ ਕਰ ਲੈਂਦਾ ਹੈ ਜਿਨ੍ਹਾਂ ਦੀ ਕਾਮਨਾ ਉਸ ਦਾ ਮਨ ਕਰਦਾ ਹੈ।
26807	616	ਆਦਿ ਅੰਤਿ ਮਧਿ ਨਾਨਕ ਕਉ ਸੋ ਪ੍ਰਭੁ ਹੋਆ ਬੇਲੀ॥੪॥੧੬॥੨੭॥		Aadh Anth Madhh Naanak Ko So Prabh Hoaa Baelee ||4||16||27||	In the beginning, in the middle, and in the end, God is Nanak's best friend. ||4||16||27||	ਹੇ ਭਾਈ! (ਸਿਫ਼ਤ-ਸਾਲਾਹ ਦੀ ਬਰਕਤਿ ਨਾਲ) ਪਰਮਾਤਮਾ ਨਾਨਕ ਵਾਸਤੇ ਸਦਾ ਦਾ ਮਦਦਗਾਰ ਬਣ ਗਿਆ ਹੈ ॥੪॥੧੬॥੨੭॥
26808	616	ਸੋਰਠਿ ਮਹਲਾ ੫ ਪੰਚਪਦਾ॥	ਪੰਚਪਦਾ	Sorath Mehalaa 5 Panchapadhaa ||	Sorat'h, Fifth Mehl, Panch-Padas:	
26809	616	ਬਿਨਸੈ ਮੋਹੁ ਮੇਰਾ ਅਰੁ ਤੇਰਾ ਬਿਨਸੈ ਅਪਨੀ ਧਾਰੀ॥੧॥		Binasai Mohu Maeraa Ar Thaeraa Binasai Apanee Dhhaaree ||1||	May my emotional attachment, my sense of mine and yours, and my self-conceit be dispelled. ||1||	(ਜਿਸ ਇਲਾਜ ਨਾਲ ਮੇਰੇ ਅੰਦਰੋਂ) ਮੋਹ ਨਾਸ ਹੋ ਜਾਏ, ਮੇਰ-ਤੇਰ ਵਾਲਾ ਵਿਤਕਰਾ ਦੂਰ ਹੋ ਜਾਏ, ਮੇਰੀ ਮਾਇਆ-ਨਾਲ-ਪਕੜ ਖ਼ਤਮ ਹੋ ਜਾਏ ॥੧॥
26810	616	ਸੰਤਹੁ ਇਹਾ ਬਤਾਵਹੁ ਕਾਰੀ॥		Santhahu Eihaa Bathaavahu Kaaree ||	O Saints, show me such a way,	ਹੇ ਸੰਤ ਜਨੋ! (ਮੈਨੂੰ ਕੋਈ) ਇਹੋ ਜਿਹਾ ਇਲਾਜ ਦੱਸੋ,

26811	616	ਜਿਤੁ ਹਉਮੈ ਗਰਬੁ ਨਿਵਾਰੀ॥੧॥ਰਹਾਉ ॥		Jith Houmai Garab Nivaaree ||1|| Rehaao ||	By which my egotism and pride might be eliminated. ||1||Pause||	ਜਿਸ ਨਾਲ ਮੈਂ (ਆਪਣਾ ਅੰਦਰੋਂ) ਹਉਮੈ ਅਹੰਕਾਰ ਦੂਰ ਕਰ ਸਕਾਂ ॥੧॥ ਰਹਾਉ ॥
26812	616	ਸਰਬ ਭੂਤ ਪਾਰਬ੍ਰਹਮੁ ਕਰਿ ਮਾਨਿਆ ਹੋਵਾਂ ਸਗਲ ਰੇਨਾਰੀ॥੨॥	(ਭੂਤ) ਜੀਵ, ਸ੍ਰਿਸ਼ਟੀ	Sarab Bhooth Paarabreham Kar Maaniaa Hovaan Sagal Raenaaree ||2||	I see the Supreme Lord God in all beings, and I am the dust of all. ||2||	(ਜਿਸ ਇਲਾਜ ਨਾਲ) ਪਰਮਾਤਮਾ ਸਾਰੇ ਜੀਵਾਂ ਵਿਚ ਵੱਸਦਾ ਮੰਨਿਆ ਜਾ ਸਕੇ, ਤੇ, ਮੈਂ ਸਭਨਾਂ ਦੀ ਚਰਨ-ਧੂੜ ਬਣਿਆ ਰਹਾਂ ॥੨॥
26813	616	ਪੇਖਿਓ ਪ੍ਰਭ ਜੀਉ ਅਪੁਨੈ ਸੰਗੇ ਚੂਕੈ ਭੀਤਿ ਭ੍ਰਮਾਰੀ॥੩॥		Paekhiou Prabh Jeeo Apunai Sangae Chookai Bheeth Bhramaaree ||3||	I see God always with me, and the wall of doubt has been shattered. ||3||	(ਜਿਸ ਇਲਾਜ ਨਾਲ) ਪਰਮਾਤਮਾ ਆਪਣੇ ਅੰਗ-ਸੰਗ ਵੇਖਿਆ ਜਾ ਸਕੇ, ਤੇ, (ਮੇਰੇ ਅੰਦਰੋਂ) ਮਾਇਆ ਦੀ ਖ਼ਾਤਰ ਭਟਕਣਾ ਵਾਲੀ ਕੰਧ ਦੂਰ ਹੋ ਜਾਏ (ਜੋ ਪਰਮਾਤਮਾ ਨਾਲੋਂ ਵਿੱਥ ਪਾ ਰਹੀ ਹੈ) ॥੩॥
26814	616	ਅਉਖਧੁ ਨਾਮੁ ਨਿਰਮਲ ਜਲੁ ਅੰਮ੍ਰਿਤੁ ਪਾਈਐ ਗੁਰੂ ਦੁਆਰੀ॥੪॥		Aoukhadhh Naam Niramal Jal Anmrith Paaeeai Guroo Dhuaaree ||4||	The medicine of the Naam, and the Immaculate Water of Ambrosial Nectar, are obtained through the Guru's Gate. ||4||	(ਹੇ ਭਾਈ!) ਉਹ ਦਵਾਈ ਤਾਂ ਪਰਮਾਤਮਾ ਦਾ ਨਾਮ ਹੀ ਹੈ, ਆਤਮਕ ਜੀਵਨ ਦੇਣ ਵਾਲਾ ਪਵਿਤ੍ਰ ਨਾਮ-ਜਲ ਹੀ ਹੈ। ਇਹ ਨਾਮ ਗੁਰੂ ਦੇ ਦਰ ਤੋਂ ਮਿਲਦਾ ਹੈ ॥੪॥

26815	616	ਕਹੁ ਨਾਨਕ ਜਿਸੁ ਮਸਤਕਿ ਲਿਖਿਆ ਤਿਸੁ ਗੁਰ ਮਿਲਿ ਰੋਗ ਬਿਦਾਰੀ॥੫॥੧੭॥੨੮॥		Kahu Naanak Jis Masathak Likhiaa This Gur Mil Rog Bidhaaree ||5||17||28||	Says Nanak, one who has such pre-ordained destiny inscribed upon his forehead, meets with the Guru, and his diseases are cured. ||5||17||28||	ਨਾਨਕ ਆਖਦਾ ਹੈ- ਜਿਸ ਮਨੁੱਖ ਦੇ ਮੱਥੇ ਉੱਤੇ (ਨਾਮ ਦੀ ਪ੍ਰਾਪਤੀ ਦਾ ਲੇਖ) ਲਿਖਿਆ ਹੋਵੇ, (ਉਸ ਨੂੰ ਗੁਰੂ ਪਾਸੋਂ ਮਿਲਦਾ ਹੈ), ਗੁਰੂ ਨੂੰ ਮਿਲ ਕੇ ਉਸ ਦੇ ਰੋਗ ਕੱਟੇ ਜਾਂਦੇ ਹਨ ॥੫॥੧੭॥੨੮॥
26816	617	ਸੋਰਠਿ ਮਹਲਾ ੫ ਘਰੁ ੨ ਦੁਪਦੇ	ਦੁ-ਪਦੇ	Sorath Mehalaa 5 Ghar 2 Dhupadhae	Sorat'h, Fifth Mehl, Second House, Du-Padas:	ਰਾਗ ਸੋਰਠਿ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
26817	617	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
26818	617	ਸਗਲ ਬਨਸਪਤਿ ਮਹਿ ਬੈਸੰਤਰੁ ਸਗਲ ਦੂਧ ਮਹਿ ਘੀਆ॥	ਬ-ਨਸਪਤਿ	Sagal Banasapath Mehi Baisanthar Sagal Dhoodhh Mehi Gheeaa ||	Fire is contained in all firewood, and butter is contained in all milk.	ਹੇ ਭਾਈ! ਜਿਵੇਂ ਸਭ ਬੂਟਿਆਂ ਵਿਚ ਅੱਗ (ਗੁਪਤ ਮੌਜੂਦ) ਹੈ, ਜਿਵੇਂ ਹਰੇਕ ਕਿਸਮ ਦੇ ਦੁੱਧ ਵਿਚ ਘਿਉ (ਮੱਖਣ) ਗੁਪਤ ਮੌਜੂਦ ਹੈ,
26819	617	ਊਚ ਨੀਚ ਮਹਿ ਜੋਤਿ ਸਮਾਣੀ ਘਟਿ ਘਟਿ ਮਾਧਉ ਜੀਆ॥੧॥		Ooch Neech Mehi Joth Samaanee Ghatt Ghatt Maadhho Jeeaa ||1||	God's Light is contained in the high and the low; the Lord is in the hearts of all beings. ||1||	ਤਿਵੇਂ ਚੰਗੇ ਮੰਦੇ ਸਭ ਜੀਵਾਂ ਵਿਚ ਪ੍ਰਭੂ ਦੀ ਜੋਤਿ ਸਮਾਈ ਹੋਈ ਹੈ, ਪਰਮਾਤਮਾ ਹਰੇਕ ਸਰੀਰ ਵਿਚ ਹੈ, ਸਭ ਜੀਵਾਂ ਵਿਚ ਹੈ ॥੧॥

26820	617	ਸੰਤਹੁ ਘਟਿ ਘਟਿ ਰਹਿਆ ਸਮਾਹਿਓ॥		Santhahu Ghatt Ghatt Rehiaa Samaahiou ||	O Saints, He is pervading and permeating each and every heart.	ਹੇ ਸੰਤ ਜਨੋ! ਪਰਮਾਤਮਾ ਹਰੇਕ ਸਰੀਰ ਵਿਚ ਮੌਜੂਦ ਹੈ।
26821	617	ਪੂਰਨ ਪੂਰਿ ਰਹਿਓ ਸਰਬ ਮਹਿ ਜਲਿ ਥਲਿ ਰਮਈਆ ਆਹਿਓ॥੧॥ਰਹਾਉ ॥	ਰ-ਮਈਆ	Pooran Poor Rehiou Sarab Mehi Jal Thhal Rameeaa Aahiou ||1|| Rehaao ||	The Perfect Lord is completely permeating everyone, everywhere; He is diffused in the water and the land. ||1||Pause||	ਉਹ ਪੂਰੀ ਤਰ੍ਹਾਂ ਸਾਰੇ ਜੀਵਾਂ ਵਿਚ ਵਿਆਪਕ ਹੈ, ਉਹ ਸੋਹਣਾ ਰਾਮ ਪਾਣੀ ਵਿਚ ਹੈ ਧਰਤੀ ਵਿਚ ਹੈ ॥੧॥ ਰਹਾਉ ॥
26822	617	ਗੁਣ ਨਿਧਾਨ ਨਾਨਕੁ ਜਸੁ ਗਾਵੈ ਸਤਿਗੁਰਿ ਭਰਮੁ ਚੁਕਾਇਓ॥		Gun Nidhhaan Naanak Jas Gaavai Sathigur Bharam Chukaaeiou ||	Nanak sings the Praises of the Lord, the treasure of excellence; the True Guru has dispelled his doubt.	ਹੇ ਭਾਈ! ਨਾਨਕ (ਉਸ) ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦਾ ਹੈ। ਗੁਰੂ ਨੇ (ਨਾਨਕ ਦਾ) ਭੁਲੇਖਾ ਦੂਰ ਕਰ ਦਿੱਤਾ ਹੈ। (ਤਾਂਹੀਏਂ ਨਾਨਕ ਨੂੰ ਯਕੀਨ ਹੈ ਕਿ)
26823	617	ਸਰਬ ਨਿਵਾਸੀ ਸਦਾ ਅਲੇਪਾ ਸਭ ਮਹਿ ਰਹਿਆ ਸਮਾਇਓ॥੨॥੧॥੨੯॥		Sarab Nivaasee Sadhaa Alaepaa Sabh Mehi Rehiaa Samaaeiou ||2||1||29||	The Lord is pervading everywhere, permeating all, and yet, He is unattached from all. ||2||1||29||	ਪਰਮਾਤਮਾ ਸਭ ਜੀਵਾਂ ਵਿਚ ਵੱਸਦਾ ਹੈ (ਫਿਰ ਭੀ) ਸਦਾ (ਮਾਇਆ ਦੇ ਮੋਹ ਤੋਂ) ਨਿਰਲੇਪ ਹੈ, ਸਭ ਜੀਵਾਂ ਵਿਚ ਸਮਾ ਰਿਹਾ ਹੈ ॥੨॥੧॥੨੯॥

26824	617	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26825	617	ਜਾ ਕੈ ਸਿਮਰਣਿ ਹੋਇ ਅਨੰਦਾ ਬਿਨਸੈ ਜਨਮ ਮਰਣ ਭੈ ਦੁਖੀ॥		Jaa Kai Simaran Hoe Anandhaa Binasai Janam Maran Bhai Dhukhee ||	Meditating on Him, one is in ecstasy; the pains of birth and death and fear are removed.	ਹੇ ਭਾਈ! ਜਿਸ ਪ੍ਰਭੂ ਦੇ ਸਿਮਰਨ ਨਾਲ ਤੂੰ ਖ਼ੁਸ਼ੀ-ਭਰਿਆ ਜੀਵਨ ਜੀਊ ਸਕਦਾ ਹੈਂ ਤੇਰੇ ਜਨਮ ਮਰਨ ਦੇ ਸਾਰੇ ਡਰ ਤੇ ਦੁੱਖ ਦੂਰ ਹੋ ਸਕਦੇ ਹਨ,
26826	617	ਚਾਰਿ ਪਦਾਰਥ ਨਵ ਨਿਧਿ ਪਾਵਹਿ ਬਹੁਰਿ ਨ ਤ੍ਰਿਸਨਾ ਭੁਖੀ॥੧॥	ਭੁੱਖੀ	Chaar Padhaarathh Nav Nidhh Paavehi Bahur N Thrisanaa Bhukhee ||1||	The four cardinal blessings, and the nine treasures are received; you shall never feel hunger or thirst again. ||1||	ਤੂੰ (ਧਰਮ ਅਰਥ ਕਾਮ ਮੋਖ) ਚਾਰੇ ਪਦਾਰਥ ਤੇ ਦੁਨੀਆ ਦੇ ਨੌ ਹੀ ਖ਼ਜ਼ਾਨੇ ਹਾਸਲ ਕਰ ਸਕਦਾ ਹੈਂ, (ਜਿਸ ਦੇ ਸਿਮਰਨ ਨਾਲ) ਤੈਨੂੰ ਮਾਇਆ ਦੀ ਤ੍ਰੇਹ ਭੁੱਖ ਫਿਰ ਨਹੀਂ ਵਿਆਪੇਗੀ (ਉਸ ਦਾ ਸਿਮਰਨ ਹਰੇਕ ਸਾਹ ਦੇ ਨਾਲ ਕਰਦਾ ਰਹੁ) ॥੧॥
26827	617	ਜਾ ਕੋ ਨਾਮੁ ਲੈਤ ਤੂ ਸੁਖੀ॥		Jaa Ko Naam Laith Thoo Sukhee ||	Chanting His Name, you shall be at peace.	ਜਿਸ ਪਰਮਾਤਮਾ ਦਾ ਨਾਮ ਸਿਮਰਿਆਂ ਤੂੰ ਸੁਖੀ ਹੋ ਸਕਦਾ ਹੈਂ,
26828	617	ਸਾਸਿ ਸਾਸਿ ਧਿਆਵਹੁ ਠਾਕੁਰ ਕਉ ਮਨ ਤਨ ਜੀਅਰੇ ਮੁਖੀ॥੧॥ਰਹਾਉ॥	ਮੁਖੀ:ਪੋਲਾ ਬੋਲੋ	Saas Saas Dhhiaavahu Thaakur Ko Man Than Jeearae Mukhee ||1|| Rehaao ||	With each and every breath, meditate on the Lord and Master, O my soul, with mind, body and mouth. ||1||Pause||	ਹੇ ਜੀਵ! ਉਸ ਪਾਲਣਹਾਰ ਪ੍ਰਭੂ ਨੂੰ ਤੂੰ ਆਪਣੇ ਮਨੋ ਤਨੋ ਮੂੰਹ ਨਾਲ ਹਰੇਕ ਸਾਹ ਦੇ ਨਾਲ ਸਿਮਰਿਆ ਕਰ ॥੧॥ ਰਹਾਉ ॥

26829	617	ਸਾਂਤਿ ਪਾਵਹਿ ਹੋਵਹਿ ਮਨ ਸੀਤਲ ਅਗਨਿ ਨ ਅੰਤਰਿ ਧੁਖੀ॥	ਧੁਖੀ:ਪੋਲਾ ਬੋਲੋ	Saanth Paavehi Hovehi Man Seethal Agan N Anthar Dhhukhee ||	You shall find peace, and your mind shall be soothed and cooled; the fire of desire shall not burn within you.	(ਹੇ ਭਾਈ! ਸਿਮਰਨ ਦੀ ਬਰਕਤਿ ਨਾਲ) ਤੂੰ ਸ਼ਾਂਤੀ ਹਾਸਲ ਕਰ ਲਏਂਗਾ, ਤੂੰ ਅੰਤਰ-ਆਤਮੇ ਠੰਢਾ-ਠਾਰ ਹੋ ਜਾਏਂਗਾ, ਤੇਰੇ ਅੰਦਰ ਤ੍ਰਿਸ਼ਨਾ ਦੀ ਅੱਗ ਨਹੀਂ ਧੁਖੇਗੀ।
26830	617	ਗੁਰ ਨਾਨਕ ਕਉ ਪ੍ਰਭੂ ਦਿਖਾਇਆ ਜਲਿ ਥਲਿ ਤ੍ਰਿਭਵਣਿ ਰੁਖੀ॥੨॥੨॥੩੦॥	ਰੁੱਖੀਂ	Gur Naanak Ko Prabhoo Dhikhaaeiaa Jal Thhal Thribhavan Rukhee ||2||2||30||	The Guru has revealed God to Nanak, in the three worlds, in the water, the earth and the woods. ||2||2||30||	ਹੇ ਭਾਈ! ਗੁਰੂ ਨੇ (ਮੈਨੂੰ) ਨਾਨਕ ਨੂੰ ਉਹ ਪਰਮਾਤਮਾ ਪਾਣੀ ਵਿਚ ਧਰਤੀ ਵਿਚ ਰੁੱਖਾਂ ਵਿਚ ਸਾਰੇ ਸੰਸਾਰ ਵਿਚ (ਵੱਸਦਾ) ਵਿਖਾ ਦਿੱਤਾ ਹੈ ॥੨॥੨॥੩੦॥
26831	617	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26832	617	ਕਾਮ ਕ੍ਰੋਧ ਲੋਭ ਝੂਠ ਨਿੰਦਾ ਇਨ ਤੇ ਆਪਿ ਛਡਾਵਹੁ॥		Kaam Krodhh Lobh Jhooth Nindhaa Ein Thae Aap Shhaddaavahu ||	Sexual desire, anger, greed, falsehood and slander - please, save me from these, O Lord.	ਹੇ ਪ੍ਰਭੂ! ਕਾਮ ਕ੍ਰੋਧ ਲੋਭ ਝੂਠ ਨਿੰਦਾ (ਆਦਿਕ) ਇਹਨਾਂ (ਸਾਰੇ ਵਿਕਾਰਾਂ) ਤੋਂ ਤੂੰ ਮੈਨੂੰ ਆਪ ਛੁਡਾ ਲੈ।
26833	617	ਇਹ ਭੀਤਰ ਤੇ ਇਨ ਕਉ ਡਾਰਹੁ ਆਪਨ ਨਿਕਟਿ ਬੁਲਾਵਹੁ॥੧॥		Eih Bheethar Thae Ein Ko Ddaarahu Aapan Nikatt Bulaavahu ||1||	Please eradicate these from within me, and call me to come close to You. ||1||	ਮੇਰੇ ਇਸ ਮਨ ਵਿਚੋਂ ਇਹਨਾਂ (ਵਿਕਾਰਾਂ) ਨੂੰ ਕੱਢ ਦੇ, ਮੈਨੂੰ ਆਪਣੇ ਚਰਨਾਂ ਵਿਚ ਜੋੜੀ ਰੱਖ ॥੧॥

26834	617	ਅਪੁਨੀ ਬਿਧਿ ਆਪਿ ਜਨਾਵਹੁ॥		Apunee Bidhh Aap Janaavahu ||	You alone teach me Your Ways.	ਹੇ ਪ੍ਰਭੂ! ਆਪਣੀ ਭਗਤੀ ਦੀ ਜਾਚ ਤੂੰ ਮੈਨੂੰ ਆਪ ਸਿਖਾ।
26835	617	ਹਰਿ ਜਨ ਮੰਗਲ ਗਾਵਹੁ॥੧॥ਰਹਾਉ॥		Har Jan Mangal Gaavahu ||1|| Rehaao ||	With the Lord's humble servants, I sing His Praises. ||1||Pause||	ਮੈਨੂੰ ਪ੍ਰੇਰਨਾ ਦੇਹ ਕਿ ਮੈਂ ਤੇਰੇ ਸੰਤ ਜਨਾਂ ਨਾਲ ਮਿਲ ਕੇ ਤੇਰੀ ਸਿਫ਼ਤ-ਸਾਲਾਹ ਦੇ ਗੀਤ ਗਾਇਆ ਕਰਾਂ ॥੧॥ ਰਹਾਉ ॥
26836	617	ਬਿਸਰੁ ਨਾਹੀ ਕਬਹੂ ਹੀਏ ਤੇ ਇਹ ਬਿਧਿ ਮਨ ਮਹਿ ਪਾਵਹੁ॥		Bisar Naahee Kabehoo Heeeae Thae Eih Bidhh Man Mehi Paavahu ||	May I never forget the Lord within my heart; please, instill such understanding within my mind.	ਹੇ ਪ੍ਰਭੂ! ਮੇਰੇ ਮਨ ਵਿਚ ਤੂੰ ਇਹੋ ਜਿਹੀ ਸਿੱਖਿਆ ਪਾ ਦੇਹ ਕਿ ਮੇਰੇ ਹਿਰਦੇ ਤੋਂ ਤੂੰ ਕਦੇ ਭੀ ਨਾਹ ਵਿਸਰੇਂ।
26837	617	ਗੁਰੁ ਪੂਰਾ ਭੇਟਿਓ ਵਡਭਾਗੀ ਜਨ ਨਾਨਕ ਕਤਹਿ ਨ ਧਾਵਹੁ॥੨॥੩॥੩੧॥		Gur Pooraa Bhaettiou Vaddabhaagee Jan Naanak Kathehi N Dhhaavahu ||2||3||31||	By great good fortune, servant Nanak has met with the Perfect Guru, and now, he will not go anywhere else. ||2||3||31||	ਹੇ ਦਾਸ ਨਾਨਕ! ਤੈਨੂੰ ਵੱਡੇ ਭਾਗਾਂ ਨਾਲ ਪੂਰਾ ਗੁਰੂ ਮਿਲ ਪਿਆ ਹੈ, ਹੁਣ ਤੂੰ ਹੋਰ ਕਿਸੇ ਪਾਸੇ ਨਾਹ ਦੌੜਦਾ ਫਿਰ ॥੨॥੩॥੩੧॥
26838	617	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26839	617	ਜਾ ਕੈ ਸਿਮਰਣਿ ਸਭੁ ਕਛੁ ਪਾਈਐ ਬਿਰਥੀ ਘਾਲ ਨ ਜਾਈ॥		Jaa Kai Simaran Sabh Kashh Paaeeai Birathhee Ghaal N Jaaee ||	Meditating in remembrance on Him all things are obtained and one's efforts shall not be in vain.	ਹੇ ਭਾਈ! ਜਿਸ ਪ੍ਰਭੂ ਦੇ ਸਿਮਰਨ ਦੀ ਬਰਕਤਿ ਨਾਲ ਹਰੇਕ ਪਦਾਰਥ ਮਿਲ ਸਕਦਾ ਹੈ, (ਸਿਮਰਨ ਦੀ) ਕੀਤੀ ਹੋਈ ਮਿਹਨਤ ਵਿਅਰਥ ਨਹੀਂ ਜਾਂਦੀ,

26840	617	ਤਿਸੁ ਪ੍ਰਭ ਤਿਆਗਿ ਅਵਰ ਕਤ ਰਾਚਹੁ ਜੋ ਸਭ ਮਹਿ ਰਹਿਆ ਸਮਾਈ॥੧॥		This Prabh Thiaag Avar Kath Raachahu Jo Sabh Mehi Rehiaa Samaaee ||1||	Forsaking God, why do you attach yourself to another? He is contained in everything. ||1||	ਜੇਹੜਾ ਪ੍ਰਭੂ ਸਾਰੀ ਸ੍ਰਿਸ਼ਟੀ ਵਿਚ ਮੌਜੂਦ ਹੈ ਉਸ ਨੂੰ ਛੱਡ ਕੇ ਹੋਰ ਕੇਹੜੇ ਪਾਸੇ ਮਸਤ ਹੋ ਰਹੇ ਹੋ? ॥੧॥
26841	617	ਹਰਿ ਹਰਿ ਸਿਮਰਹੁ ਸੰਤ ਗੋਪਾਲਾ॥		Har Har Simarahu Santh Gopaalaa ||	O Saints, meditate in remembrance on the World-Lord, Har, Har.	ਹੇ ਸੰਤ ਜਨੋ! ਸ੍ਰਿਸ਼ਟੀ ਦੇ ਪਾਲਣਹਾਰ ਨੂੰ ਸਦਾ ਸਿਮਰਦੇ ਰਹੋ।
26842	617	ਸਾਧਸੰਗਿ ਮਿਲਿ ਨਾਮੁ ਧਿਆਵਹੁ ਪੂਰਨ ਹੋਵੈ ਘਾਲਾ॥੧॥ਰਹਾਉ॥		Saadhhasang Mil Naam Dhhiaavahu Pooran Hovai Ghaalaa ||1|| Rehaao ||	Joining the Saadh Sangat, the Company of the Holy, meditate on the Naam, the Name of the Lord; your efforts shall be rewarded. ||1||Pause||	ਸਾਧ ਸੰਗਤ ਵਿਚ ਮਿਲ ਕੇ ਪ੍ਰਭੂ ਦਾ ਨਾਮ ਸਿਮਰਿਆ ਕਰੋ, (ਸਿਮਰਨ ਦੀ) ਮੇਹਨਤ ਜ਼ਰੂਰ ਸਫਲ ਹੋ ਜਾਂਦੀ ਹੈ ॥੧॥ ਰਹਾਉ ॥
26843	617	ਸਾਰਿ ਸਮਾਲੈ ਨਿਤਿ ਪ੍ਰਤਿਪਾਲੈ ਪ੍ਰੇਮ ਸਹਿਤ ਗਲਿ ਲਾਵੈ॥		Saar Samaalai Nith Prathipaalai Praem Sehith Gal Laavai ||	He ever preserves and cherishes His servant; with Love, He hugs him close.	ਹੇ ਭਾਈ! ਉਹ ਪਰਮਾਤਮਾ (ਸਭ ਜੀਵਾਂ ਦੀ) ਸਾਰ ਲੈ ਕੇ ਸੰਭਾਲ ਕਰਦਾ ਹੈ, ਸਦਾ ਪਾਲਣਾ ਕਰਦਾ ਹੈ (ਸਿਮਰਨ ਕਰਨ ਵਾਲਿਆਂ ਨੂੰ) ਪ੍ਰੇਮ ਨਾਲ ਆਪਣੇ ਗਲੇ ਲਾਂਦਾ ਹੈ।

26844	617	ਕਹੁ ਨਾਨਕ ਪ੍ਰਭ ਤੁਮਰੇ ਬਿਸਰਤ ਜਗਤ ਜੀਵਨੁ ਕੈਸੇ ਪਾਵੈ॥੨॥੪॥੩੨॥		Kahu Naanak Prabh Thumarae Bisarath Jagath Jeevan Kaisae Paavai ||2||4||32||	Says Nanak, forgetting You, O God, how can the world find life? ||2||4||32||	ਨਾਨਕ ਆਖਦਾ ਹੈ- ਹੇ ਪ੍ਰਭੂ! ਤੈਨੂੰ ਵਿਸਾਰ ਕੇ ਜੀਵ ਤੈਨੂੰ ਕਿਵੇਂ ਮਿਲ ਸਕਦਾ ਹੈ? ਤੇ, ਤੂੰ ਹੀ ਸਾਰੇ ਜੀਵਾਂ ਦੀ ਜ਼ਿੰਦਗੀ ਦਾ ਸਹਾਰਾ ਹੈਂ ॥੨॥੪॥੩੨॥
26845	617	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26846	617	ਅਬਿਨਾਸੀ ਜੀਅਨ ਕੋ ਦਾਤਾ ਸਿਮਰਤ ਸਭ ਮਲੁ ਖੋਈ॥		Abinaasee Jeean Ko Dhaathaa Simarath Sabh Mal Khoee ||	He is imperishable, the Giver of all beings; meditating on Him, all filth is removed.	ਹੇ ਭਾਈ! ਉਸ ਪਰਮਾਤਮਾ ਦਾ ਸਿਮਰਨ ਕੀਤਿਆਂ (ਮਨ ਤੋਂ ਵਿਕਾਰਾਂ ਦੀ) ਸਾਰੀ ਮੈਲ ਲਹਿ ਜਾਂਦੀ ਹੈ ਜੋ ਨਾਸ-ਰਹਿਤ ਹੈ, ਤੇ, ਜੋ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ।
26847	617	ਗੁਣ ਨਿਧਾਨ ਭਗਤਨ ਕਉ ਬਰਤਨਿ ਬਿਰਲਾ ਪਾਵੈ ਕੋਈ॥੧॥		Gun Nidhhaan Bhagathan Ko Barathan Biralaa Paavai Koee ||1||	He is the treasure of excellence, the object of His devotees, but rare are those who find Him. ||1||	ਉਹ ਪ੍ਰਭੂ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ, ਭਗਤਾਂ ਵਾਸਤੇ ਹਰ ਵੇਲੇ ਦਾ ਸਹਾਰਾ ਹੈ। ਪਰ ਕੋਈ ਵਿਰਲਾ ਮਨੁੱਖ ਉਸ ਦਾ ਮਿਲਾਪ ਹਾਸਲ ਕਰਦਾ ਹੈ ॥੧॥
26848	617	ਮੇਰੇ ਮਨ ਜਪਿ ਗੁਰ ਗੋਪਾਲ ਪ੍ਰਭੁ ਸੋਈ॥		Maerae Man Jap Gur Gopaal Prabh Soee ||	O my mind, meditate on the Guru, and God, the Cherisher of the world.	ਹੇ ਮੇਰੇ ਮਨ! ਉਸ ਪ੍ਰਭੂ ਨੂੰ ਜਪਿਆ ਕਰੋ ਜੋ ਸਭ ਤੋਂ ਵੱਡਾ ਹੈ, ਜੋ ਸ੍ਰਿਸ਼ਟੀ ਦਾ ਪਾਲਣ ਵਾਲਾ ਹੈ,

26849	617	ਜਾ ਕੀ ਸਰਣਿ ਪਇਆਂ ਸੁਖੁ ਪਾਈਐ ਬਾਹੁੜਿ ਦੂਖੁ ਨ ਹੋਈ॥੧॥ਰਹਾਉ॥		Jaa Kee Saran Paeiaaan Sukh Paaeeai Baahurr Dhookh N Hoee ||1|| Rehaao ||	Seeking His Sanctuary, one finds peace, and he shall not suffer in pain again. ||1||Pause||	ਤੇ, ਜਿਸ ਦਾ ਆਸਰਾ ਲਿਆਂ ਸੁਖ ਪ੍ਰਾਪਤ ਕਰ ਲਈਦਾ ਹੈ, ਫਿਰ ਕਦੇ ਦੁੱਖ ਨਹੀਂ ਵਿਆਪਦਾ ॥੧॥ ਰਹਾਉ ॥
26850	617	ਵਡਭਾਗੀ ਸਾਧਸੰਗੁ ਪਰਾਪਤਿ ਤਿਨ ਭੇਟਤ ਦੁਰਮਤਿ ਖੋਈ॥		Vaddabhaagee Saadhhasang Paraapath Thin Bhaettath Dhuramath Khoee ||	By great good fortune, one obtains the Saadh Sangat, the Company of the Holy. Meeting them, evil-mindedness is eliminated.	ਹੇ ਭਾਈ! ਵੱਡੀ ਕਿਸਮਤਿ ਨਾਲ ਭਲੇ ਮਨੁੱਖਾਂ ਦੀ ਸੰਗਤਿ ਹਾਸਲ ਹੁੰਦੀ ਹੈ, ਉਹਨਾਂ ਨੂੰ ਮਿਲਿਆਂ ਖੋਟੀ ਬੁੱਧ ਨਾਸ ਹੋ ਜਾਂਦੀ ਹੈ।
26851	618	ਤਿਨ ਕੀ ਧੂਰਿ ਨਾਨਕੁ ਦਾਸੁ ਬਾਛੈ ਜਿਨ ਹਰਿ ਨਾਮੁ ਰਿਦੈ ਪਰੋਈ॥੨॥੫॥੩੩॥		Thin Kee Dhhoor Naanak Dhaas Baashhai Jin Har Naam Ridhai Paroee ||2||5||33||	Slave Nanak yearns for the dust of the feet of those, who have woven the Lord's Name into their hearts. ||2||5||33||	ਦਾਸ ਨਾਨਕ (ਭੀ) ਉਹਨਾਂ ਦੇ ਚਰਨਾਂ ਦੀ ਧੂੜ ਮੰਗਦਾ ਹੈ, ਜਿਨ੍ਹਾਂ ਨੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਪ੍ਰੋ ਰੱਖਿਆ ਹੈ ॥੨॥੫॥੩੩॥
26852	618	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

26853	618	ਜਨਮ ਜਨਮ ਕੇ ਦੂਖ ਨਿਵਾਰੈ ਸੂਕਾ ਮਨੁ ਸਾਧਾਰੈ॥	(ਸਾਧਾਰੈ) ਸਵਾਰਦੇ ਸ਼ੁਭ ਗੁਣਾਂ ਸਹਿਤ। (ਸਾਧਾਰੈ) ਹਰਾ ਭਰਾ	Janam Janam Kae Dhookh Nivaarai Sookaa Man Saadhhaarai ||	He dispels the pains of countless incarnations, and lends support to the dry and shrivelled mind.	ਹੇ ਭਾਈ! ਵੈਦ-ਗੁਰੂ (ਸਰਣ-ਪਏ ਮਨੁੱਖ ਦੇ) ਅਨੇਕਾਂ ਜਨਮਾਂ ਦੇ ਦੁੱਖ ਦੂਰ ਕਰ ਦੇਂਦਾ ਹੈ, ਆਤਮਕ ਜੀਵਨ ਦੀ ਹਰਿਆਵਲ ਤੋਂ ਸੱਖਣੇ ਉਸ ਦੇ ਮਨ ਨੂੰ (ਨਾਮ-ਦਾਰੂ ਦਾ ਸਹਾਰਾ ਦੇਂਦਾ ਹੈ।
26854	618	ਦਰਸਨੁ ਭੇਟਤ ਹੋਤ ਨਿਹਾਲਾ ਹਰਿ ਕਾ ਨਾਮੁ ਬੀਚਾਰੈ॥੧॥		Dharasan Bhaettath Hoth Nihaalaa Har Kaa Naam Beechaarai ||1||	Beholding the Blessed Vision of His Darshan, one is enraptured, contemplating the Name of the Lord. ||1||	ਗੁਰੂ ਦਾ ਦਰਸਨ ਕਰਦਿਆਂ ਹੀ (ਮਨੁੱਖ) ਖਿੜ ਆਉਂਦਾ ਹੈ, ਤੇ, ਪਰਮਾਤਮਾ ਦੇ ਨਾਮ ਨੂੰ ਆਪਣੇ ਸੋਚ-ਮੰਡਲ ਵਿਚ ਵਸਾ ਲੈਂਦਾ ਹੈ ॥੧॥
26855	618	ਮੇਰਾ ਬੈਦੁ ਗੁਰੂ ਗੋਵਿੰਦਾ॥		Maeraa Baidh Guroo Govindhaa ||	My physician is the Guru, the Lord of the Universe.	ਹੇ ਭਾਈ! ਗੋਬਿੰਦ ਦਾ ਰੂਪ ਮੇਰਾ ਗੁਰੂ (ਪੂਰਾ) ਹਕੀਮ ਹੈ।
26856	618	ਹਰਿ ਹਰਿ ਨਾਮੁ ਅਉਖਧੁ ਮੁਖਿ ਦੇਵੈ ਕਾਟੈ ਜਮ ਕੀ ਫੰਧਾ॥੧॥ਰਹਾਉ॥		Har Har Naam Aoukhadhh Mukh Dhaevai Kaattai Jam Kee Fandhhaa ||1|| Rehaao ||	He places the medicine of the Naam into my mouth, and cuts away the noose of Death. ||1||Pause||	(ਇਹ ਹਕੀਮ ਜਿਸ ਮਨੁੱਖ ਦੇ) ਮੂੰਹ ਵਿਚ ਹਰਿ-ਨਾਮ ਦਵਾਈ ਪਾਂਦਾ ਹੈ, (ਉਸ ਦੀ) ਜਮ ਦੀ ਫਾਹੀ ਕੱਟ ਦੇਂਦਾ ਹੈ (ਆਤਮਕ ਮੌਤ ਲਿਆਉਣ ਵਾਲੇ ਵਿਕਾਰਾਂ ਦੀ ਫਾਹੀ ਉਸ ਦੇ ਅੰਦਰੋਂ ਕੱਟ ਦੇਂਦਾ ਹੈ) ॥੧॥ ਰਹਾਉ ॥

26857	618	ਸਮਰਥ ਪੁਰਖ ਪੂਰਨ ਬਿਧਾਤੇ ਆਪੇ ਕਰਣੈਹਾਰਾ॥	ਸਮਰੱਥ	Samarathh Purakh Pooran Bidhhaathae Aapae Karanaihaaraa ||	He is the all-powerful, Perfect Lord, the Architect of Destiny; He Himself is the Doer of deeds.	ਹੇ ਨਾਨਕ! (ਆਖ-) ਹੇ ਸਭ ਤਾਕਤਾਂ ਦੇ ਮਾਲਕ! ਹੇ ਸਰਬ-ਵਿਆਪਕ! ਹੇ ਭਰਪੂਰ! ਹੇ ਸਭ ਜੀਵਾਂ ਦੇ ਪੈਦਾ ਕਰਨ ਵਾਲੇ! ਤੂੰ ਆਪ ਹੀ (ਗੁਰੂ ਨੂੰ ਪੂਰਾ ਵੈਦ) ਬਣਾਣ ਵਾਲਾ ਹੈਂ।
26858	618	ਅਪੁਨਾ ਦਾਸੁ ਹਰਿ ਆਪਿ ਉਬਾਰਿਆ ਨਾਨਕ ਨਾਮ ਅਧਾਰਾ॥੨॥੬॥੩੪॥		Apunaa Dhaas Har Aap Oubaariaa Naanak Naam Adhhaaraa ||2||6||34||	The Lord Himself saves His slave; Nanak takes the Support of the Naam. ||2||6||34||	ਆਪਣੇ ਸੇਵਕ ਨੂੰ (ਵੈਦ-ਗੁਰੂ ਪਾਸੋਂ) ਨਾਮ ਦਾ ਆਸਰਾ ਦਿਵਾ ਕੇ ਤੂੰ ਆਪ ਹੀ (ਜਮ ਦੀ ਫਾਹੀ ਤੋਂ) ਬਚਾ ਲੈਂਦਾ ਹੈਂ ॥੨॥੬॥੩੪॥
26859	618	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26860	618	ਅੰਤਰ ਕੀ ਗਤਿ ਤੁਮ ਹੀ ਜਾਨੀ ਤੁਝ ਹੀ ਪਾਹਿ ਨਿਬੇਰੋ॥		Anthar Kee Gath Thum Hee Jaanee Thujh Hee Paahi Nibaero ||	Only You know the state of my innermost self; You alone can judge me.	ਹੇ ਮੇਰੇ ਆਪਣੇ ਮਾਲਕ ਪ੍ਰਭੂ! ਮੇਰੇ ਦਿਲ ਦੀ ਹਾਲਤ ਤੂੰ ਹੀ ਜਾਣਦਾ ਹੈਂ, ਤੇਰੀ ਸਰਣ ਪਿਆਂ ਹੀ (ਮੇਰੀ ਅੰਦਰਲੀ ਮੰਦੀ ਹਾਲਤ ਦਾ) ਖ਼ਾਤਮਾ ਹੋ ਸਕਦਾ ਹੈ।
26861	618	ਬਖਸਿ ਲੈਹੁ ਸਾਹਿਬ ਪ੍ਰਭ ਅਪਨੇ ਲਾਖ ਖਤੇ ਕਰਿ ਫੇਰੋ॥੧॥	ਖਤੇ:ਪੋਲਾ ਬੋਲੋ	Bakhas Laihu Saahib Prabh Apanae Laakh Khathae Kar Faero ||1||	Please forgive me, O Lord God Master; I have committed thousands of sins and mistakes. ||1||	ਮੈਂ ਲੱਖਾਂ ਪਾਪ ਕਰਦਾ ਫਿਰਦਾ ਹਾਂ। ਹੇ ਮੇਰੇ ਮਾਲਕ! ਮੈਨੂੰ ਬਖ਼ਸ਼ ਲੈ ॥੧॥

26862	618	ਪ੍ਰਭ ਜੀ ਤੂ ਮੇਰੋ ਠਾਕੁਰੁ ਨੇਰੋ॥		Prabh Jee Thoo Maero Thaakur Naero ||	O my Dear Lord God Master, You are always near me.	ਹੇ ਪ੍ਰਭੂ ਜੀ! ਤੂੰ ਮੇਰਾ ਪਾਲਣਹਾਰਾ ਮਾਲਕ ਹੈਂ, ਮੇਰੇ ਅੰਗ-ਸੰਗ ਵੱਸਦਾ ਹੈਂ।
26863	618	ਹਰਿ ਚਰਣ ਸਰਣ ਮੋਹਿ ਚੇਰੋ॥੧॥ਰਹਾਉ॥		Har Charan Saran Mohi Chaero ||1|| Rehaao ||	O Lord, please bless Your disciple with the shelter of Your feet. ||1||Pause||	ਹੇ ਹਰੀ! ਮੈਨੂੰ ਆਪਣੇ ਚਰਨਾਂ ਦੀ ਸਰਣ ਵਿਚ ਰੱਖ, ਮੈਨੂੰ ਆਪਣਾ ਦਾਸ ਬਣਾਈ ਰੱਖ ॥੧॥ ਰਹਾਉ ॥
26864	618	ਬੇਸੁਮਾਰ ਬੇਅੰਤ ਸੁਆਮੀ ਊਚੋ ਗੁਨੀ ਗਹੇਰੋ॥		Baesumaar Baeanth Suaamee Oocho Gunee Gehaero ||	Infinite and endless is my Lord and Master; He is lofty, virtuous and profoundly deep.	ਹੇ ਬੇਸ਼ੁਮਾਰ ਪ੍ਰਭੂ! ਹੇ ਬੇਅੰਤ! ਹੇ ਮੇਰੇ ਮਾਲਕ! ਤੂੰ ਉੱਚੀ ਆਤਮਕ ਅਵਸਥਾ ਵਾਲਾ ਹੈਂ, ਤੂੰ ਸਾਰੇ ਗੁਣਾਂ ਦਾ ਮਾਲਕ ਹੈਂ, ਤੂੰ ਡੂੰਘਾ ਹੈਂ।
26865	618	ਕਾਟਿ ਸਿਲਕ ਕੀਨੋ ਅਪੁਨੋ ਦਾਸਰੋ ਤਉ ਨਾਨਕ ਕਹਾ ਨਿਹੋਰੋ॥੨॥੭॥੩੫॥	(ਸਿਲਕ)ਫਾਹੀ। ਕਿਸੇ ਦਾ(ਨਿਹੋਰੋ) ਅਹਿਸਾਨਮੰਦ	Kaatt Silak Keeno Apuno Dhaasaro Tho Naanak Kehaa Nihoro ||2||7||35||	Cutting away the noose of death, the Lord has made Nanak His slave, and now, what does he owe to anyone else? ||2||7||35||	ਹੇ ਨਾਨਕ! (ਆਖ-ਹੇ ਪ੍ਰਭੂ! ਜਦੋਂ ਤੂੰ ਕਿਸੇ ਮਨੁੱਖ ਦੀ ਵਿਕਾਰਾਂ ਦੀ) ਫਾਹੀ ਕੱਟ ਕੇ ਉਸ ਨੂੰ ਆਪਣਾ ਦਾਸ ਬਣਾ ਲੈਂਦਾ ਹੈਂ, ਤਦੋਂ ਉਸ ਨੂੰ ਕਿਸੇ ਦੀ ਮੁਥਾਜੀ ਨਹੀਂ ਰਹਿੰਦੀ ॥੨॥੭॥੩੫॥
26866	618	ਸੋਰਠਿ ੫॥	ਸੋਰਠਿ ਪੰਜਵਾਂ	Sorath Ma 5 ||	Sorat'h, Fifth Mehl:	
26867	618	ਭਏ ਕ੍ਰਿਪਾਲ ਗੁਰੂ ਗੋਵਿੰਦਾ ਸਗਲ ਮਨੋਰਥ ਪਾਏ॥		Bheae Kirapaal Guroo Govindhaa Sagal Manorathh Paaeae ||	The Guru the Lord of the Universe became merciful to me, and I obtained all of my mind's desires.	ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਦਾ ਰੂਪ ਗੁਰੂ ਦਇਆਵਾਨ ਹੁੰਦਾ ਹੈ, ਉਸ ਦੇ ਮਨ ਦੀਆਂ ਸਾਰੀਆਂ ਮੁਰਾਦਾਂ ਪੂਰੀਆਂ ਹੋ ਜਾਂਦੀਆਂ ਹਨ (ਕਿਉਂਕਿ)

26868	618	ਅਸਥਿਰ ਭਏ ਲਾਗਿ ਹਰਿ ਚਰਣੀ ਗੋਵਿੰਦ ਕੇ ਗੁਣ ਗਾਏ॥੧॥		Asathhir Bheae Laag Har Charanee Govindh Kae Gun Gaaeae ||1||	I have become stable and steady, touching the Lord's Feet, and singing the Glorious Praises of the Lord of the Universe. ||1||	ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾ ਗਾ ਕੇ ਪ੍ਰਭੂ-ਚਰਨਾਂ ਵਿਚ ਲਗਨ ਲਾ ਕੇ ਉਹ ਮਨੁੱਖ (ਮਾਇਆ ਦੇ ਹੱਲਿਆਂ ਅੱਗੇ) ਡੋਲਣੋਂ ਹਟ ਜਾਂਦਾ ਹੈ ॥੧॥
26869	618	ਭਲੋ ਸਮੂਰਤੁ ਪੂਰਾ॥	(ਸਮੂਰਤੁ) ਸ਼ੁਭ ਸਮਾਂ	Bhalo Samoorath Pooraa ||	It is a good time, a perfectly auspicious time.	(ਹੇ ਭਾਈ! ਮਨੁੱਖ ਦੇ ਜੀਵਨ ਵਿਚ) ਉਹ ਸਮਾ ਸੁਹਾਵਣਾ ਹੁੰਦਾ ਹੈ ਸ਼ੁਭ ਹੁੰਦਾ ਹੈ,
26870	618	ਸਾਂਤਿ ਸਹਜ ਆਨੰਦ ਨਾਮੁ ਜਪਿ ਵਾਜੇ ਅਨਹਦ ਤੂਰਾ॥੧॥ਰਹਾਉ॥		Saanth Sehaj Aanandh Naam Jap Vaajae Anehadh Thooraa ||1|| Rehaao ||	I am in celestial peace, tranquility and ecstasy, chanting the Naam, the Name of the Lord; the unstruck melody of the sound current vibrates and resounds. ||1||Pause||	ਜਦੋਂ ਪਰਮਾਤਮਾ ਦਾ ਨਾਮ ਜਪ ਕੇ ਉਸ ਦੇ ਅੰਦਰ ਸ਼ਾਂਤੀ, ਆਤਮਕ ਅਡੋਲਤਾ, ਆਨੰਦ ਦੇ ਇਕ-ਰਸ ਵਾਜੇ ਵੱਜਦੇ ਹਨ ॥੧॥ ਰਹਾਉ ॥
26871	618	ਮਿਲੇ ਸੁਆਮੀ ਪ੍ਰੀਤਮ ਅਪੁਨੇ ਘਰ ਮੰਦਰ ਸੁਖਦਾਈ॥		Milae Suaamee Preetham Apunae Ghar Mandhar Sukhadhaaee ||	Meeting with my Beloved Lord and Master, my home has become a mansion filled with happiness.	ਹੇ ਭਾਈ! ਜਿਸ ਮਨੁੱਖ ਨੂੰ ਆਪਣੇ ਮਾਲਕ ਪ੍ਰੀਤਮ ਪ੍ਰਭੂ ਜੀ ਮਿਲ ਪੈਂਦੇ ਹਨ, ਉਸ ਨੂੰ ਇਹ ਘਰ-ਘਾਟ ਸੁਖ ਦੇਣ ਵਾਲੇ ਪ੍ਰਤੀਤ ਹੁੰਦੇ ਹਨ।

26872	618	ਹਰਿ ਨਾਮੁ ਨਿਧਾਨੁ ਨਾਨਕ ਜਨ ਪਾਇਆ ਸਗਲੀ ਇਛ ਪੁਜਾਈ॥੨॥੮॥੩੬॥		Har Naam Nidhhaan Naanak Jan Paaeiaa Sagalee Eishh Pujaaee ||2||8||36||	Servant Nanak has attained the treasure of the Lord's Name; all his desires have been fulfilled. ||2||8||36||	ਹੇ ਦਾਸ ਨਾਨਕ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ-ਖ਼ਜ਼ਾਨਾ ਲੱਭ ਲਿਆ, ਉਸ ਦੀ ਹਰੇਕ ਮਨੋ-ਕਾਮਨਾ ਪੂਰੀ ਹੋ ਜਾਂਦੀ ਹੈ ॥੨॥੮॥੩੬॥
26873	618	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26874	618	ਗੁਰ ਕੇ ਚਰਨ ਬਸੇ ਰਿਦ ਭੀਤਰਿ ਸੁਭ ਲਖਣ ਪ੍ਰਭਿ ਕੀਨੇ॥	ਲੱਖਣ	Gur Kae Charan Basae Ridh Bheethar Subh Lakhan Prabh Keenae ||	The Guru's feet abide within my heart; God has blessed me with good fortune.	ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਦੇ ਚਰਨ ਵੱਸ ਪਏ, ਪ੍ਰਭੂ ਨੇ (ਉਸ ਦੀ ਜ਼ਿੰਦਗੀ ਵਿਚ) ਸਫਲਤਾ ਪੈਦਾ ਕਰਨ ਵਾਲੇ ਲੱਛਣ ਪੈਦਾ ਕਰ ਦਿੱਤੇ।
26875	618	ਭਏ ਕ੍ਰਿਪਾਲ ਪੂਰਨ ਪਰਮੇਸਰ ਨਾਮ ਨਿਧਾਨ ਮਨਿ ਚੀਨੇ॥੧॥		Bheae Kirapaal Pooran Paramaesar Naam Nidhhaan Man Cheenae ||1||	The Perfect Transcendent Lord became merciful to me, and I found the treasure of the Naam within my mind. ||1||	ਸਰਬ-ਵਿਆਪਕ ਪ੍ਰਭੂ ਜੀ ਜਿਸ ਮਨੁੱਖ ਉਤੇ ਦਇਆਵਾਨ ਹੋ ਗਏ, ਉਸ ਮਨੁੱਖ ਨੇ ਪਰਮਾਤਮਾ ਦੇ ਨਾਮ ਦੇ ਖ਼ਜ਼ਾਨੇ ਆਪਣੇ ਮਨ ਵਿਚ (ਟਿਕੇ ਹੋਏ) ਪਛਾਣ ਲਏ ॥੧॥
26876	618	ਮੇਰੋ ਗੁਰੁ ਰਖਵਾਰੋ ਮੀਤ॥		Maero Gur Rakhavaaro Meeth ||	My Guru is my Saving Grace, my only best friend.	ਹੇ ਭਾਈ! ਮੇਰਾ ਗੁਰੂ ਮੇਰਾ ਰਾਖਾ ਹੈ ਮੇਰਾ ਮਿੱਤਰ ਹੈ।

26877	618	ਦੂਣ ਚਉਣੀ ਦੇ ਵਡਿਆਈ ਸੋਭਾ ਨੀਤਾ ਨੀਤ॥੧॥ਰਹਾਉ॥		Dhoon Choonee Dhae Vaddiaaee Sobhaa Neethaa Neeth ||1|| Rehaao ||	Over and over again, He blesses me with double, even four-fold, greatness. ||1||Pause||	(ਪ੍ਰਭੂ ਦਾ ਨਾਮ ਦੇ ਕੇ, ਮੈਨੂੰ) ਉਹ ਵਡਿਆਈ ਬਖ਼ਸ਼ਦਾ ਹੈ ਜੋ ਦੂਣੀ ਚਉਣੀ ਹੁੰਦੀ ਜਾਂਦੀ ਹੈ (ਸਦਾ ਵਧਦੀ ਜਾਂਦੀ ਹੈ), ਮੈਨੂੰ ਸਦਾ ਸੋਭਾ ਦਿਵਾਂਦਾ ਹੈ ॥੧॥ ਰਹਾਉ ॥
26878	618	ਜੀਅ ਜੰਤ ਪ੍ਰਭਿ ਸਗਲ ਉਧਾਰੇ ਦਰਸਨੁ ਦੇਖਣਹਾਰੇ॥		Jeea Janth Prabh Sagal Oudhhaarae Dharasan Dhaekhanehaarae ||	God saves all beings and creatures, giving them the Blessed Vision of His Darshan.	ਹੇ ਭਾਈ! ਗੁਰੂ ਦਾ ਦਰਸਨ ਕਰਨ ਵਾਲੇ ਸਾਰੇ ਮਨੁੱਖਾਂ ਨੂੰ ਪ੍ਰਭੂ ਨੇ (ਵਿਕਾਰਾਂ ਤੋਂ) ਬਚਾ ਲਿਆ।
26879	618	ਗੁਰ ਪੂਰੇ ਕੀ ਅਚਰਜ ਵਡਿਆਈ ਨਾਨਕ ਸਦ ਬਲਿਹਾਰੇ॥੨॥੯॥੩੭॥	ਅ-ਚਰਜ	Gur Poorae Kee Acharaj Vaddiaaee Naanak Sadh Balihaarae ||2||9||37||	Wondrous is the glorious greatness of the Perfect Guru; Nanak is forever a sacrifice to Him. ||2||9||37||	ਪੂਰੇ ਗੁਰੂ ਦਾ ਇਤਨਾ ਵੱਡਾ ਦਰਜਾ ਹੈ ਕਿ (ਵੇਖ ਕੇ) ਹੈਰਾਨ ਹੋ ਜਾਈਦਾ ਹੈ। ਹੇ ਨਾਨਕ! (ਆਖ-ਮੈਂ ਗੁਰੂ ਤੋਂ) ਸਦਾ ਕੁਰਬਾਨ ਜਾਂਦਾ ਹਾਂ ॥੨॥੯॥੩੭॥
26880	618	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

26881	618	ਸੰਚਨਿ ਕਰਉ ਨਾਮ ਧਨੁ ਨਿਰਮਲ ਥਾਤੀ ਅਗਮ ਅਪਾਰ॥	(ਸੰਚਨ) ਇਕੱਠਾ। (ਥਾਤੀ) ਪੂੰਜੀ, ਦੌਲਤ	Sanchan Karo Naam Dhhan Niramal Thhaathee Agam Apaar ||	I gather in and collect the immaculate wealth of the Naam; this commodity is inaccessible and incomparable.	(ਹੇ ਭਾਈ! ਗੁਰੂ ਦੀ ਕਿਰਪਾ ਨਾਲ) ਮੈਂ ਪਰਮਾਤਮਾ ਦੇ ਪਵਿਤ੍ਰ ਨਾਮ ਦਾ ਧਨ ਇਕੱਠਾ ਕਰ ਰਿਹਾ ਹਾਂ (ਜਿਥੇ ਇਹ ਧਨ ਇਕੱਠਾ ਕੀਤਾ ਜਾਏ, ਉੱਥੇ) ਅਪਹੁੰਚ ਤੇ ਬੇਅੰਤ ਪ੍ਰਭੂ ਦਾ ਨਿਵਾਸ ਹੋ ਜਾਂਦਾ ਹੈ।
26882	618	ਬਿਲਛਿ ਬਿਨੋਦ ਆਨੰਦ ਸੁਖ ਮਾਣਹੁ ਖਾਇ ਜੀਵਹੁ ਸਿਖ ਪਰਵਾਰ॥੧॥	(ਬਿਲ-ਛਿ) ਖੁਸ਼ੀ। (ਬਿਨੋਦ) ਚਾਉ	Bilashh Binodh Aanandh Sukh Maanahu Khaae Jeevahu Sikh Paravaar ||1||	Revel in it, delight in it, be happy and enjoy peace, and live long, O Sikhs and brethren. ||1||	ਹੇ (ਗੁਰੂ ਕੇ) ਸਿੱਖ-ਪਰਵਾਰ! (ਹੇ ਗੁਰਸਿੱਖੋ!) ਤੁਸੀ ਭੀ (ਆਤਮਕ ਜੀਵਨ ਵਾਸਤੇ ਇਹ ਨਾਮ-ਭੋਜਨ) ਖਾ ਕੇ ਆਤਮਕ ਜੀਵਨ ਹਾਸਲ ਕਰੋ, ਖ਼ੁਸ਼ ਹੋ ਕੇ ਆਤਮਕ ਚੋਜ ਆਨੰਦ ਸੁਖ ਮਾਣਿਆ ਕਰੋ ॥੧॥
26883	618	ਹਰਿ ਕੇ ਚਰਨਕਮਲ ਆਧਾਰ॥		Har Kae Charan Kamal Aadhhaar ||	I have the support of the Lotus Feet of the Lord.	(ਹੇ ਭਾਈ!) ਪਰਮਾਤਮਾ ਦੇ ਕੋਮਲ ਚਰਨਾਂ ਨੂੰ (ਮੈਂ ਆਪਣੀ ਜ਼ਿੰਦਗੀ ਦਾ) ਆਸਰਾ (ਬਣਾ ਲਿਆ ਹੈ)।
26884	618	ਸੰਤ ਪ੍ਰਸਾਦਿ ਪਾਇਓ ਸਚ ਬੋਹਿਥੁ ਚੜਿ ਲੰਘਉ ਬਿਖੁ ਸੰਸਾਰ॥੧॥ਰਹਾਉ॥		Santh Prasaadh Paaeiou Sach Bohithh Charr Langho Bikh Sansaar ||1|| Rehaao ||	By the Grace of the Saints, I have found the boat of Truth; embarking on it, I sail across the ocean of poison. ||1||Pause||	ਗੁਰੂ ਦੀ ਕਿਰਪਾ ਨਾਲ ਮੈਂ ਸਦਾ-ਥਿਰ ਪ੍ਰਭੂ ਦਾ ਨਾਮ ਜਹਾਜ਼ ਲੱਭ ਲਿਆ ਹੈ, (ਉਸ ਵਿਚ) ਚੜ੍ਹ ਕੇ ਮੈਂ (ਆਤਮਕ ਮੌਤ ਲਿਆਉਣ ਵਾਲੇ ਵਿਕਾਰਾਂ ਦੇ) ਜ਼ਹਿਰ-ਭਰੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਰਿਹਾ ਹਾਂ ॥੧॥ ਰਹਾਉ ॥

26885	618	ਭਏ ਕ੍ਰਿਪਾਲ ਪੂਰਨ ਅਬਿਨਾਸੀ ਆਪਹਿ ਕੀਨੀ ਸਾਰ॥		Bheae Kirapaal Pooran Abinaasee Aapehi Keenee Saar ||	The perfect, imperishable Lord has become merciful; He Himself has taken care of me.	ਹੇ ਭਾਈ! ਜਿਸ ਮਨੁੱਖ ਉੱਤੇ ਸਰਬ-ਵਿਆਪਕ ਅਬਿਨਾਸੀ ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਉਸ ਦੀ ਸੰਭਾਲ ਆਪ ਹੀ ਕਰਦੇ ਹਨ।
26886	618	ਪੇਖਿ ਪੇਖਿ ਨਾਨਕ ਬਿਗਸਾਨੋ ਨਾਨਕ ਨਾਹੀ ਸੁਮਾਰ॥੨॥੧੦॥੩੮॥		Paekh Paekh Naanak Bigasaano Naanak Naahee Sumaar ||2||10||38||	Beholding, beholding His Vision, Nanak has blossomed forth in ecstasy. O Nanak, He is beyond estimation. ||2||10||38||	ਨਾਨਕ (ਉਸ ਦਾ ਇਹ ਕੌਤਕ) ਵੇਖ ਵੇਖ ਕੇ ਖ਼ੁਸ਼ ਹੋ ਰਿਹਾ ਹੈ। ਹੇ ਨਾਨਕ! (ਸੇਵਕ ਦੀ ਸੰਭਾਲ ਕਰਨ ਦੀ ਪ੍ਰਭੂ ਦੀ ਦਇਆ ਦਾ) ਅੰਦਾਜ਼ਾ ਨਹੀਂ ਲਾਇਆ ਜਾ ਸਕਦਾ ॥੨॥੧੦॥੩੮॥
26887	618	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26888	618	ਗੁਰਿ ਪੂਰੈ ਅਪਨੀ ਕਲ ਧਾਰੀ ਸਭ ਘਟ ਉਪਜੀ ਦਇਆ॥		Gur Poorai Apanee Kal Dhhaaree Sabh Ghatt Oupajee Dhaeiaa ||	The Perfect Guru has revealed His power, and compassion has welled up in every heart.	ਹੇ ਭਾਈ! ਪੂਰੇ ਗੁਰੂ ਨੇ (ਮੇਰੇ ਅੰਦਰ) ਆਪਣੀ (ਅਜੇਹੀ) ਤਾਕਤ ਭਰ ਦਿੱਤੀ ਹੈ (ਕਿ ਮੇਰੇ ਅੰਦਰ) ਸਭ ਜੀਵਾਂ ਵਾਸਤੇ ਪਿਆਰ ਪੈਦਾ ਹੋ ਗਿਆ ਹੈ।
26889	618	ਆਪੇ ਮੇਲਿ ਵਡਾਈ ਕੀਨੀ ਕੁਸਲ ਖੇਮ ਸਭ ਭਇਆ॥੧॥		Aapae Mael Vaddaaee Keenee Kusal Khaem Sabh Bhaeiaa ||1||	Blending me with Himself, He has blessed me with glorious greatness, and I have found pleasure and happiness. ||1||	(ਗੁਰੂ ਨੇ) ਆਪ ਹੀ (ਮੈਨੂੰ ਪ੍ਰਭੂ-ਚਰਨਾਂ ਵਿਚ) ਜੋੜ ਕੇ (ਮੈਨੂੰ) ਆਤਮਕ ਉੱਚਤਾ ਬਖ਼ਸ਼ੀ ਹੈ, (ਹੁਣ ਮੇਰੇ ਅੰਦਰ) ਆਨੰਦ ਹੀ ਆਨੰਦ ਬਣਿਆ ਰਹਿੰਦਾ ਹੈ ॥੧॥

26890	618	ਸਤਿਗੁਰੁ ਪੂਰਾ ਮੇਰੈ ਨਾਲਿ॥		Sathigur Pooraa Maerai Naal ||	The Perfect True Guru is always with me.	ਹੇ ਭਾਈ! ਪੂਰਾ ਗੁਰੂ (ਹਰ ਵੇਲੇ) ਮੇਰੇ ਨਾਲ (ਮਦਦਗਾਰ) ਹੈ,
26891	619	ਪਾਰਬ੍ਰਹਮੁ ਜਪਿ ਸਦਾ ਨਿਹਾਲ॥ਰਹਾਉ॥		Paarabreham Jap Sadhaa Nihaal || Rehaao ||	Meditating on the Supreme Lord God, I am forever in ecstasy. ||Pause||	(ਉਸ ਦੀ ਮੇਹਰ ਨਾਲ) ਪਰਮਾਤਮਾ ਦਾ ਨਾਮ ਜਪ ਕੇ ਮੈਂ ਸਦਾ ਪ੍ਰਸੰਨ-ਚਿੱਤ ਰਹਿੰਦਾ ਹਾਂ ਰਹਾਉ॥
26892	619	ਅੰਤਰਿ ਬਾਹਰਿ ਥਾਨ ਥਨੰਤਰਿ ਜਤ ਕਤ ਪੇਖਉ ਸੋਈ॥		Anthar Baahar Thhaan Thhananthar Jath Kath Paekho Soee ||	Inwardly and outwardly, in all places and interspaces, wherever I look, He is there.	ਹੇ ਭਾਈ! ਹੁਣ ਆਪਣੇ ਅੰਦਰ ਤੇ ਬਾਹਰ (ਸਾਰੇ ਜਗਤ ਵਿਚ), ਹਰ ਥਾਂ ਵਿਚ, ਮੈਂ ਜਿੱਥੇ ਵੇਖਦਾ ਹਾਂ ਉਸ ਪਰਮਾਤਮਾ ਨੂੰ ਹੀ (ਵੱਸਦਾ ਵੇਖਦਾ ਹਾਂ)।
26893	619	ਨਾਨਕ ਗੁਰੁ ਪਾਇਓ ਵਡਭਾਗੀ ਤਿਸੁ ਜੇਵਡੁ ਅਵਰੁ ਨ ਕੋਈ॥੨॥੧੧॥੩੯॥		Naanak Gur Paaeiou Vaddabhaagee This Jaevadd Avar N Koee ||2||11||39||	Nanak has found the Guru, by great good fortune; no one else is as great as He. ||2||11||39||	ਹੇ ਨਾਨਕ! (ਮੈਨੂੰ) ਵੱਡੇ ਭਾਗਾਂ ਨਾਲ ਗੁਰੂ ਮਿਲ ਪਿਆ ਹੈ (ਇਹੋ ਜਿਹੀ ਦਾਤਿ ਬਖ਼ਸ਼ ਸਕਣ ਵਾਲਾ) ਗੁਰੂ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ ॥੨॥੧੧॥੩੯॥
26894	619	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

26895	619	ਸੂਖ ਮੰਗਲ ਕਲਿਆਣ ਸਹਜ ਧੁਨਿ ਪ੍ਰਭ ਕੇ ਚਰਣ ਨਿਹਾਰਿਆ॥	(ਨਿਹਾਰਿਆ) ਦੇਖਿਆ	Sookh Mangal Kaliaan Sehaj Dhhun Prabh Kae Charan Nihaariaa ||	I have been blessed with peace, pleasure, bliss, and the celestial sound current, gazing upon the feet of God.	(ਹੇ ਭਾਈ! ਗੁਰੂ ਦੀ ਸ਼ਰਨ ਪੈ ਕੇ ਜਿਸ ਮਨੁੱਖ ਨੇ) ਪਰਮਾਤਮਾ ਦੇ ਚਰਨਾਂ ਦਾ ਦਰਸਨ ਕਰ ਲਿਆ, ਉਸ ਦੇ ਅੰਦਰ ਸੁਖ ਖ਼ੁਸ਼ੀ ਆਨੰਦ ਤੇ ਆਤਮਕ ਅਡੋਲਤਾ ਦੀ ਰੌ ਚੱਲ ਪਈ।
26896	619	ਰਾਖਨਹਾਰੈ ਰਾਖਿਓ ਬਾਰਿਕੁ ਸਤਿਗੁਰਿ ਤਾਪੁ ਉਤਾਰਿਆ॥੧॥		Raakhanehaarai Raakhiou Baarik Sathigur Thaap Outhaariaa ||1||	The Savior has saved His child, and the True Guru has cured his fever. ||1||	(ਜੇਹੜਾ ਭੀ ਮਨੁੱਖ ਗੁਰੂ ਦੀ ਸ਼ਰਨ ਆ ਪਿਆ) ਗੁਰੂ ਨੇ ਉਸ ਦਾ ਤਾਪ (ਦੁੱਖ-ਕਲੇਸ਼) ਲਾਹ ਦਿੱਤਾ, ਰੱਖਿਆ ਕਰਨ ਦੀ ਸਮਰਥਾ ਵਾਲੇ ਗੁਰੂ ਨੇ ਉਸ ਬਾਲਕ ਨੂੰ (ਵਿਘਨਾਂ ਤੋਂ) ਬਚਾ ਲਿਆ (ਉਸ ਨੂੰ ਇਉਂ ਬਚਾਇਆ ਜਿਵੇਂ ਪਿਤਾ ਆਪਣੇ ਪੁੱਤਰ ਦੀ ਰੱਖਿਆ ਕਰਦਾ ਹੈ) ॥੧॥
26897	619	ਉਬਰੇ ਸਤਿਗੁਰ ਕੀ ਸਰਣਾਈ॥		Oubarae Sathigur Kee Saranaaee ||	I have been saved, in the True Guru's Sanctuary;	ਹੇ ਭਾਈ! ਉਸ ਗੁਰੂ ਦੀ ਸ਼ਰਨ ਜੇਹੜੇ ਮਨੁੱਖ ਪੈਂਦੇ ਹਨ ਉਹ (ਆਤਮਕ ਜੀਵਨ ਦੇ ਰਸਤੇ ਵਿਚ ਆਉਣ ਵਾਲੀਆਂ ਰੁਕਾਵਟਾਂ ਤੋਂ) ਬਚ ਜਾਂਦੇ ਹਨ
26898	619	ਜਾ ਕੀ ਸੇਵ ਨ ਬਿਰਥੀ ਜਾਈ॥ਰਹਾਉ॥		Jaa Kee Saev N Birathhee Jaaee || Rehaao ||	Service to Him does not go in vain. ||1||Pause||	ਜਿਸ ਗੁਰੂ ਦੀ ਕੀਤੀ ਹੋਈ ਸੇਵਾ ਖ਼ਾਲੀ ਨਹੀਂ ਜਾਂਦੀ (ਉਸ ਦੀ ਸ਼ਰਨ ਪ੍ਰਾਪਤ ਕਰ।) ਰਹਾਉ॥

26899	619	ਘਰ ਮਹਿ ਸੂਖ ਬਾਹਰਿ ਫੁਨਿ ਸੂਖਾ ਪ੍ਰਭ ਅਪੁਨੇ ਭਏ ਦਇਆਲਾ॥		Ghar Mehi Sookh Baahar Fun Sookhaa Prabh Apunae Bheae Dhaeiaalaa ||	There is peace within the home of one's heart, and there is peace outside as well, when God becomes kind and compassionate.	(ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈਂਦਾ ਹੈ ਉਸ ਦੇ) ਹਿਰਦੇ ਵਿਚ ਆਤਮਕ ਆਨੰਦ ਬਣਿਆ ਰਹਿੰਦਾ ਹੈ, ਬਾਹਰ (ਦੁਨੀਆ ਨਾਲ ਵਰਤਣ ਵਿਹਾਰ ਕਰਦਿਆਂ) ਭੀ ਉਸ ਨੂੰ ਆਤਮਕ ਸੁਖ ਮਿਲਿਆ ਰਹਿੰਦਾ ਹੈ, ਉਸ ਉਤੇ ਪ੍ਰਭੂ ਸਦਾ ਦਇਆਵਾਨ ਰਹਿੰਦਾ ਹੈ।
26900	619	ਨਾਨਕ ਬਿਘਨੁ ਨ ਲਾਗੈ ਕੋਊ ਮੇਰਾ ਪ੍ਰਭੁ ਹੋਆ ਕਿਰਪਾਲਾ॥੨॥੧੨॥੪੦॥		Naanak Bighan N Laagai Kooo Maeraa Prabh Hoaa Kirapaalaa ||2||12||40||	O Nanak, no obstacles block my way; my God has become gracious and merciful to me. ||2||12||40||	ਹੇ ਨਾਨਕ! ਉਸ ਮਨੁੱਖ ਦੀ ਜ਼ਿੰਦਗੀ ਦੇ ਰਸਤੇ ਵਿਚ ਕੋਈ ਰੁਕਾਵਟ ਨਹੀਂ ਆਉਂਦੀ, ਉਸ ਉਤੇ ਪਰਮਾਤਮਾ ਕਿਰਪਾਲ ਹੋਇਆ ਰਹਿੰਦਾ ਹੈ ॥੨॥੧੨॥੪੦॥
26901	619	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26902	619	ਸਾਧੂਸੰਗਿ ਭਇਆ ਮਨਿ ਉਦਮੁ ਨਾਮੁ ਰਤਨੁ ਜਸੁ ਗਾਈ॥		Saadhhoo Sang Bhaeiaa Man Oudham Naam Rathan Jas Gaaee ||	In the Saadh Sangat, the Company of the Holy, my mind became excited, and I sang the Praises of the jewel of the Naam.	ਹੇ ਭਾਈ! ਗੁਰੂ ਦੀ ਸੰਗਤਿ ਵਿਚ ਰਿਹਾਂ ਮਨ ਵਿਚ ਉੱਦਮ ਪੈਦਾ ਹੁੰਦਾ ਹੈ, (ਮਨੁੱਖ) ਸ੍ਰੇਸ਼ਟ ਨਾਮ ਜਪਣ ਲੱਗ ਪੈਂਦਾ ਹੈ, ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਣ ਲੱਗ ਪੈਂਦਾ ਹੈ।

26903	619	ਮਿਟਿ ਗਈ ਚਿੰਤਾ ਸਿਮਰਿ ਅਨੰਤਾ ਸਾਗਰੁ ਤਰਿਆ ਭਾਈ॥੧॥		Mitt Gee Chinthaa Simar Ananthaa Saagar Thariaa Bhaaee ||1||	My anxiety was dispelled, meditating in remembrance on the Infinite Lord; I have crossed over the world ocean, O Siblings of Destiny. ||1||	ਬੇਅੰਤ ਪ੍ਰਭੂ ਦਾ ਸਿਮਰਨ ਕਰ ਕੇ ਮਨੁੱਖ ਦੀ ਚਿੰਤਾ ਮਿਟ ਜਾਂਦੀ ਹੈ, ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੧॥
26904	619	ਹਿਰਦੈ ਹਰਿ ਕੇ ਚਰਣ ਵਸਾਈ॥		Hiradhai Har Kae Charan Vasaaee ||	I enshrine the Lord's Feet within my heart.	ਹੇ ਭਾਈ! ਆਪਣੇ ਹਿਰਦੇ ਵਿਚ ਪਰਮਾਤਮਾ ਦੇ ਚਰਨ ਟਿਕਾਈ ਰੱਖ (ਨਿਮ੍ਰਤਾ ਵਿਚ ਰਹਿ ਕੇ ਪਰਮਾਤਮਾ ਦਾ ਸਿਮਰਨ ਕਰਿਆ ਕਰ)।
26905	619	ਸੁਖੁ ਪਾਇਆ ਸਹਜ ਧੁਨਿ ਉਪਜੀ ਰੋਗਾ ਘਾਣਿ ਮਿਟਾਈ॥ਰਹਾਉ॥	(ਘਾਣਿ) ਢੇਰ	Sukh Paaeiaa Sehaj Dhhun Oupajee Rogaa Ghaan Mittaaee || Rehaao ||	I have found peace, and the celestial sound current resounds within me; countless diseases have been eradicated. ||Pause||	(ਜਿਸ ਨੇ ਭੀ ਇਹ ਉੱਦਮ ਕੀਤਾ ਹੈ, ਉਸ ਨੇ) ਆਤਮਕ ਆਨੰਦ ਪ੍ਰਾਪਤ ਕਰ ਲਿਆ, (ਉਸ ਦੇ ਅੰਦਰ) ਆਤਮਕ ਅਡੋਲਤਾ ਦੀ ਰੌ ਪੈਦਾ ਹੋ ਗਈ, (ਉਸ ਨੇ ਆਪਣੇ ਅੰਦਰੋਂ) ਰੋਗਾਂ ਦੇ ਢੇਰ ਮਿਟਾ ਲਏ ਰਹਾਉ॥
26906	619	ਕਿਆ ਗੁਣ ਤੇਰੇ ਆਖਿ ਵਖਾਣਾ ਕੀਮਤਿ ਕਹਣੁ ਨ ਜਾਈ॥		Kiaa Gun Thaerae Aakh Vakhaanaa Keemath Kehan N Jaaee ||	Which of Your Glorious Virtues can I speak and describe? Your worth cannot be estimated.	ਹੇ ਪ੍ਰਭੂ! ਮੈਂ ਤੇਰੇ ਕੇਹੜੇ ਕੇਹੜੇ ਗੁਣ ਬਿਆਨ ਕਰ ਕੇ ਦੱਸਾਂ? ਤੇਰਾ ਮੁੱਲ ਦੱਸਿਆ ਨਹੀਂ ਜਾ ਸਕਦਾ (ਤੂੰ ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਤੋਂ ਨਹੀਂ ਮਿਲ ਸਕਦਾ)।

26907	619	ਨਾਨਕ ਭਗਤ ਭਏ ਅਬਿਨਾਸੀ ਅਪੁਨਾ ਪ੍ਰਭੁ ਭਇਆ ਸਹਾਈ॥੨॥੧੩॥੪੧॥		Naanak Bhagath Bheae Abinaasee Apunaa Prabh Bhaeiaa Sehaaee ||2||13||41||	O Nanak, the Lord's devotees become imperishable and immortal; their God becomes their friend and support. ||2||13||41||	ਹੇ ਨਾਨਕ! ਪਿਆਰਾ ਪ੍ਰਭੂ ਜਿਨ੍ਹਾਂ ਮਨੁੱਖਾਂ ਦਾ ਮਦਦਗਾਰ ਬਣਦਾ ਹੈ, ਉਹ ਭਗਤ-ਜਨ ਆਤਮਕ ਮੌਤ ਤੋਂ ਰਹਿਤ ਹੋ ਜਾਂਦੇ ਹਨ ॥੨॥੧੩॥੪੧॥
26908	619	ਸੋਰਠਿ ਮਃ ੫॥		Sorath Ma 5 ||	Sorat'h, Fifth Mehl:	
26909	619	ਗਏ ਕਲੇਸ ਰੋਗ ਸਭਿ ਨਾਸੇ ਪ੍ਰਭਿ ਅਪੁਨੈ ਕਿਰਪਾ ਧਾਰੀ॥		Geae Kalaes Rog Sabh Naasae Prabh Apunai Kirapaa Dhhaaree ||	My sufferings have come to an end, and all diseases have been eradicated.	ਹੇ ਭਾਈ! ਜਿਸ ਭੀ ਮਨੁੱਖ ਉੱਤੇ ਪਿਆਰੇ ਪ੍ਰਭੂ ਨੇ ਮੇਹਰ ਕੀਤੀ ਉਸ ਦੇ ਸਾਰੇ ਕਲੇਸ਼ ਤੇ ਰੋਗ ਦੂਰ ਹੋ ਗਏ।
26910	619	ਆਠ ਪਹਰ ਆਰਾਧਹੁ ਸੁਆਮੀ ਪੂਰਨ ਘਾਲ ਹਮਾਰੀ॥੧॥		Aath Pehar Aaraadhhahu Suaamee Pooran Ghaal Hamaaree ||1||	God has showered me with His Grace. Twenty-four hours a day, I worship and adore my Lord and Master; my efforts have come to fruition. ||1||	(ਹੇ ਭਾਈ!) ਮਾਲਕ-ਪ੍ਰਭੂ ਨੂੰ ਅੱਠੇ ਪਹਿਰ ਯਾਦ ਕਰਦੇ ਰਿਹਾ ਕਰੋ, ਅਸਾਂ ਜੀਵਾਂ ਦੀ (ਇਹ) ਮੇਹਨਤ (ਜ਼ਰੂਰ) ਸਫਲ ਹੁੰਦੀ ਹੈ ॥੧॥
26911	619	ਹਰਿ ਜੀਉ ਤੂ ਸੁਖ ਸੰਪਤ ਰਾਸਿ॥	(ਸੰਪਤ) ਧਨ ਦੀ (ਰਾਸਿ) ਪੂੰਜੀ	Har Jeeo Thoo Sukh Sanpath Raas ||	O Dear Lord, You are my peace, wealth and capital.	ਹੇ ਪ੍ਰਭੂ ਜੀ! ਤੂੰ ਹੀ ਮੈਨੂੰ ਆਤਮਕ ਆਨੰਦ ਦਾ ਧਨ-ਸਰਮਾਇਆ ਦੇਣ ਵਾਲਾ ਹੈਂ।

26912	619	ਰਾਖਿ ਲੈਹੁ ਭਾਈ ਮੇਰੇ ਕਉ ਪ੍ਰਭ ਆਗੈ ਅਰਦਾਸਿ॥ਰਹਾਉ॥		Raakh Laihu Bhaaee Maerae Ko Prabh Aagai Aradhaas || Rehaao ||	Please, save me, O my Beloved! I offer this prayer to my God. ||Pause||	ਹੇ ਪ੍ਰਭੂ! ਮੈਨੂੰ (ਕਲੇਸ਼ਾਂ ਅੰਦੇਸਿਆਂ ਤੋਂ) ਬਚਾ ਲੈ। ਹੇ ਪ੍ਰਭੂ! ਮੇਰੀ ਤੇਰੇ ਅੱਗੇ ਹੀ ਅਰਜ਼ੋਈ ਹੈ ਰਹਾਉ॥
26913	619	ਜੋ ਮਾਗਉ ਸੋਈ ਸੋਈ ਪਾਵਉ ਅਪਨੇ ਖਸਮ ਭਰੋਸਾ॥		Jo Maago Soee Soee Paavo Apanae Khasam Bharosaa ||	Whatever I ask for, I receive; I have total faith in my Master.	ਹੇ ਭਾਈ! ਮੈਂ ਤਾਂ ਜੋ ਕੁਝ (ਪ੍ਰਭੂ ਪਾਸੋਂ) ਮੰਗਦਾ ਹਾਂ, ਉਹੀ ਕੁਝ ਪ੍ਰਾਪਤ ਕਰ ਲੈਂਦਾ ਹਾਂ। ਮੈਨੂੰ ਆਪਣੇ ਮਾਲਕ-ਪ੍ਰਭੂ ਉਤੇ (ਪੂਰਾ) ਇਤਬਾਰ (ਬਣ ਚੁਕਾ) ਹੈ।
26914	619	ਕਹੁ ਨਾਨਕ ਗੁਰੁ ਪੂਰਾ ਭੇਟਿਓ ਮਿਟਿਓ ਸਗਲ ਅੰਦੇਸਾ॥੨॥੧੪॥੪੨॥		Kahu Naanak Gur Pooraa Bhaettiou Mittiou Sagal Andhaesaa ||2||14||42||	Says Nanak, I have met with the Perfect Guru, and all my fears have been dispelled. ||2||14||42||	ਨਾਨਕ ਆਖਦਾ ਹੈ- ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, ਉਸ ਦੇ ਸਾਰੇ ਚਿੰਤਾ-ਫ਼ਿਕਰ ਦੂਰ ਹੋ ਜਾਂਦੇ ਹਨ ॥੨॥੧੪॥੪੨॥
26915	619	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26916	619	ਸਿਮਰਿ ਸਿਮਰਿ ਗੁਰੁ ਸਤਿਗੁਰੁ ਅਪਨਾ ਸਗਲਾ ਦੂਖੁ ਮਿਟਾਇਆ॥		Simar Simar Gur Sathigur Apanaa Sagalaa Dhookh Mittaaeiaa ||	Meditating, meditating in remembrance on my Guru, the True Guru, all pains have been eradicated.	(ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈਂਦਾ ਹੈ, ਉਹ) ਮੁੜ ਮੁੜ ਗੁਰੂ ਸਤਿਗੁਰੂ (ਦੀ ਬਾਣੀ) ਨੂੰ ਚੇਤੇ ਕਰ ਕੇ ਆਪਣਾ ਹਰੇਕ ਕਿਸਮ ਦਾ ਦੁੱਖ ਦੂਰ ਕਰ ਲੈਂਦਾ ਹੈ।

26917	619	ਤਾਪ ਰੋਗ ਗਏ ਗੁਰ ਬਚਨੀ ਮਨ ਇਛੇ ਫਲ ਪਾਇਆ॥੧॥		Thaap Rog Geae Gur Bachanee Man Eishhae Fal Paaeiaa ||1||	The fever and the disease are gone, through the Word of the Guru's Teachings, and I have obtained the fruits of my mind's desires. ||1||	ਗੁਰੂ ਦੇ ਬਚਨਾਂ ਉੱਤੇ ਤੁਰ ਕੇ ਉਸ ਦੇ ਸਾਰੇ ਕਲੇਸ਼ ਸਾਰੇ ਰੋਗ ਦੂਰ ਹੋ ਜਾਂਦੇ ਹਨ, ਉਹ ਮਨ-ਮੰਗੇ ਫਲ ਪ੍ਰਾਪਤ ਕਰ ਲੈਂਦਾ ਹੈ ॥੧॥
26918	619	ਮੇਰਾ ਗੁਰੁ ਪੂਰਾ ਸੁਖਦਾਤਾ॥		Maeraa Gur Pooraa Sukhadhaathaa ||	My Perfect Guru is the Giver of peace.	ਹੇ ਭਾਈ! ਮੇਰਾ ਗੁਰੂ ਸਭ ਗੁਣਾਂ ਨਾਲ ਭਰਪੂਰ ਹੈ, ਸਾਰੇ ਸੁਖ ਬਖ਼ਸ਼ਣ ਵਾਲਾ ਹੈ।
26919	619	ਕਰਣ ਕਾਰਣ ਸਮਰਥ ਸੁਆਮੀ ਪੂਰਨ ਪੁਰਖੁ ਬਿਧਾਤਾ॥ਰਹਾਉ॥	ਸਮਰੱਥ	Karan Kaaran Samarathh Suaamee Pooran Purakh Bidhhaathaa || Rehaao ||	He is the Doer, the Cause of causes, the Almighty Lord and Master, the Perfect Primal Lord, the Architect of Destiny. ||Pause||	ਗੁਰੂ ਉਸ ਸਰਬ-ਵਿਆਪਕ ਸਿਰਜਣਹਾਰ ਦਾ ਰੂਪ ਹੈ ਜੋ ਸਾਰੇ ਜਗਤ ਦਾ ਮੂਲ ਹੈ, ਜੋ ਸਭ ਤਾਕਤਾਂ ਦਾ ਮਾਲਕ ਹੈ ਰਹਾਉ॥
26920	619	ਅਨੰਦ ਬਿਨੋਦ ਮੰਗਲ ਗੁਣ ਗਾਵਹੁ ਗੁਰ ਨਾਨਕ ਭਏ ਦਇਆਲਾ॥		Anandh Binodh Mangal Gun Gaavahu Gur Naanak Bheae Dhaeiaalaa ||	Sing the Glorious Praises of the Lord in bliss, joy and ecstasy; Guru Nanak has become kind and compassionate.	ਹੇ ਨਾਨਕ! (ਆਖ-ਹੇ ਭਾਈ! ਜੇ ਤੇਰੇ ਉੱਤੇ) ਸਤਿਗੁਰੂ ਜੀ ਦਇਆਵਾਨ ਹੋਏ ਹਨ, ਤਾਂ ਤੂੰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਰਿਹਾ ਕਰ, (ਸਿਫ਼ਤ-ਸਾਲਾਹ ਦੀ ਬਰਕਤਿ ਨਾਲ ਤੇਰੇ ਅੰਦਰ) ਆਨੰਦ ਖ਼ੁਸ਼ੀਆਂ ਸੁਖ ਬਣੇ ਰਹਿਣਗੇ।

26921	619	ਜੈ ਜੈਕਾਰ ਭਏ ਜਗ ਭੀਤਰਿ ਹੋਆ ਪਾਰਬ੍ਰਹਮੁ ਰਖਵਾਲਾ॥੨॥੧੫॥ ੪੩॥		Jai Jai Kaar Bheae Jag Bheethar Hoaa Paarabreham Rakhavaalaa ||2||15||43||	Shouts of cheers and congratulations ring out all over the world; the Supreme Lord God has become my Savior and Protector. ||2||15||43||	(ਸਿਫ਼ਤ-ਸਾਲਾਹ ਦਾ ਸਦਕਾ) ਜਗਤ ਵਿਚ ਸੋਭਾ ਮਿਲਦੀ ਹੈ। (ਇਹ ਨਿਸ਼ਚਾ ਬਣਿਆ ਰਹਿੰਦਾ ਹੈ ਕਿ) ਪਰਮਾਤਮਾ (ਸਦਾ ਸਿਰ ਉੱਤੇ) ਰਾਖਾ ਹੈ ॥੨॥੧੫॥੪੩॥
26922	619	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26923	619	ਹਮਰੀ ਗਣਤ ਨ ਗਣੀਆ ਕਾਈ ਅਪਣਾ ਬਿਰਦੁ ਪਛਾਣਿ॥		Hamaree Ganath N Ganeeaa Kaaee Apanaa Biradh Pashhaan ||	He did not take my accounts into account; such is His forgiving nature.	ਹੇ ਭਾਈ! ਪਰਮਾਤਮਾ ਅਸਾਂ ਜੀਵਾਂ ਦੇ ਕੀਤੇ ਮੰਦ-ਕਰਮਾਂ ਦਾ ਕੋਈ ਖ਼ਿਆਲ ਨਹੀਂ ਕਰਦਾ। ਉਹ ਆਪਣੇ ਮੁੱਢ-ਕਦੀਮਾਂ ਦੇ (ਪਿਆਰ ਵਾਲੇ) ਸੁਭਾਉ ਨੂੰ ਚੇਤੇ ਰੱਖਦਾ ਹੈ,
26924	619	ਹਾਥ ਦੇਇ ਰਾਖੇ ਕਰਿ ਅਪੁਨੇ ਸਦਾ ਸਦਾ ਰੰਗੁ ਮਾਣਿ॥੧॥		Haathh Dhaee Raakhae Kar Apunae Sadhaa Sadhaa Rang Maan ||1||	He gave me His hand, and saved me and made me His own; forever and ever, I enjoy His Love. ||1||	(ਉਹ, ਸਗੋਂ, ਸਾਨੂੰ ਗੁਰੂ ਮਿਲਾ ਕੇ, ਸਾਨੂੰ) ਆਪਣੇ ਬਣਾ ਕੇ (ਆਪਣੇ) ਹੱਥ ਦੇ ਕੇ (ਸਾਨੂੰ ਵਿਕਾਰਾਂ ਵਲੋਂ) ਬਚਾਂਦਾ ਹੈ। (ਜਿਸ ਵਡ-ਭਾਗੀ ਨੂੰ ਗੁਰੂ ਮਿਲ ਪੈਂਦਾ ਹੈ, ਉਹ) ਸਦਾ ਹੀ ਆਤਮਕ ਆਨੰਦ ਮਾਣਦਾ ਹੈ ॥੧॥
26925	619	ਸਾਚਾ ਸਾਹਿਬੁ ਸਦ ਮਿਹਰਵਾਣ॥		Saachaa Saahib Sadh Miharavaan ||	The True Lord and Master is forever merciful and forgiving.	ਹੇ ਭਾਈ! ਸਦਾ ਕਾਇਮ ਰਹਿਣ ਵਾਲਾ ਮਾਲਕ-ਪ੍ਰਭੂ ਸਦਾ ਦਇਆਵਾਨ ਰਹਿੰਦਾ ਹੈ,

26926	619	ਬੰਧੁ ਪਾਇਆ ਮੇਰੈ ਸਤਿਗੁਰਿ ਪੂਰੈ ਹੋਈ ਸਰਬ ਕਲਿਆਣ॥ਰਹਾਉ॥		Bandhh Paaeiaa Maerai Sathigur Poorai Hoee Sarab Kaliaan || Rehaao ||	My Perfect Guru has bound me to Him, and now, I am in absolute ecstasy. ||Pause||	(ਕੁਕਰਮਾਂ ਵਲ ਪਰਤ ਰਹੇ ਬੰਦਿਆਂ ਨੂੰ ਉਹ ਗੁਰੂ ਮਿਲਾਂਦਾ ਹੈ। ਜਿਸ ਨੂੰ ਪੂਰਾ ਗੁਰੂ ਮਿਲ ਪਿਆ, ਉਸ ਦੇ ਵਿਕਾਰਾਂ ਦੇ ਰਸਤੇ ਵਿਚ) ਮੇਰੇ ਪੂਰੇ ਗੁਰੂ ਨੇ ਬੰਨ੍ਹ ਮਾਰ ਦਿੱਤਾ (ਤੇ, ਇਸ ਤਰ੍ਹਾਂ ਉਸ ਦੇ ਅੰਦਰ) ਸਾਰੇ ਆਤਮਕ ਆਨੰਦ ਪੈਦਾ ਹੋ ਗਏ ਰਹਾਉ॥
26927	619	ਜੀਉ ਪਾਇ ਪਿੰਡੁ ਜਿਨਿ ਸਾਜਿਆ ਦਿਤਾ ਪੈਨਣੁ ਖਾਣੁ॥	ਪੈਨ੍ਣੁ	Jeeo Paae Pindd Jin Saajiaa Dhithaa Painan Khaan ||	The One who fashioned the body and placed the soul within, who gives you clothing and nourishment	ਹੇ ਭਾਈ! ਜਿਸ ਪਰਮਾਤਮਾ ਨੇ ਜਿੰਦ ਪਾ ਕੇ (ਸਾਡਾ) ਸਰੀਰ ਪੈਦਾ ਕੀਤਾ ਹੈ, ਜੇਹੜਾ (ਹਰ ਵੇਲੇ) ਸਾਨੂੰ ਖ਼ੁਰਾਕ ਤੇ ਪੁਸ਼ਾਕ ਦੇ ਰਿਹਾ ਹੈ,
26928	619	ਅਪਣੇ ਦਾਸ ਕੀ ਆਪਿ ਪੈਜ ਰਾਖੀ ਨਾਨਕ ਸਦ ਕੁਰਬਾਣੁ॥੨॥੧੬॥੪੪॥		Apanae Dhaas Kee Aap Paij Raakhee Naanak Sadh Kurabaan ||2||16||44||	- He Himself preserves the honor of His slaves. Nanak is forever a sacrifice to Him. ||2||16||44||	ਉਹ ਪਰਮਾਤਮਾ (ਸੰਸਾਰ-ਸਮੁੰਦਰ ਦੀਆਂ ਵਿਕਾਰ-ਲਹਿਰਾਂ ਤੋਂ) ਆਪਣੇ ਸੇਵਕ ਦੀ ਇੱਜ਼ਤ (ਗੁਰੂ ਮਿਲਾ ਕੇ) ਆਪ ਬਚਾਂਦਾ ਹੈ। ਹੇ ਨਾਨਕ! (ਆਖ- ਮੈਂ ਉਸ ਪਰਮਾਤਮਾ ਤੋਂ) ਸਦਾ ਸਦਕੇ ਜਾਂਦਾ ਹਾਂ ॥੨॥੧੬॥੪੪॥
26929	620	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

26930	620	ਦੁਰਤੁ ਗਵਾਇਆ ਹਰਿ ਪ੍ਰਭਿ ਆਪੇ ਸਭੁ ਸੰਸਾਰੁ ਉਬਾਰਿਆ॥	(ਦੁਰਤੁ) ਪਾਪ	Dhurath Gavaaeiaa Har Prabh Aapae Sabh Sansaar Oubaariaa ||	The Lord God Himself has rid the whole world of its sins, and saved it.	(ਹੇ ਭਾਈ! ਪ੍ਰਭੂ ਆਪ ਹੀ ਸਾਰੇ ਸੰਸਾਰ ਨੂੰ (ਵਿਕਾਰਾਂ ਤੋਂ) ਬਚਾਉਣ ਵਾਲਾ ਹੈ। ਪ੍ਰਭੂ ਨੇ (ਮਨੁੱਖ ਦਾ ਪਿਛਲਾ ਕੀਤਾ) ਪਾਪ (ਉਸ ਮਨੁੱਖ ਦੇ ਅੰਦਰੋਂ) ਦੂਰ ਕਰ ਦਿੱਤਾ,
26931	620	ਪਾਰਬ੍ਰਹਮਿ ਪ੍ਰਭਿ ਕਿਰਪਾ ਧਾਰੀ ਅਪਣਾ ਬਿਰਦੁ ਸਮਾਰਿਆ॥੧॥		Paarabreham Prabh Kirapaa Dhhaaree Apanaa Biradh Samaariaa ||1||	The Supreme Lord God extended His mercy, and confirmed His innate nature. ||1||	ਜਿਸ ਮਨੁੱਖ ਉੱਤੇ ਪਾਰਬ੍ਰਹਮ ਪ੍ਰਭੂ ਨੇ ਮੇਹਰ (ਦੀ ਨਿਗਾਹ) ਕੀਤੀ। ਪ੍ਰਭੂ ਆਪਣਾ ਮੁੱਢ-ਕਦੀਮਾਂ ਦਾ (ਦਇਆ-ਪਿਆਰ ਵਾਲਾ) ਸੁਭਾਉ ਸਦਾ ਚੇਤੇ ਰੱਖਦਾ ਹੈ ॥੧॥
26932	620	ਹੋਈ ਰਾਜੇਰਾਮ ਕੀ ਰਖਵਾਲੀ॥	ਰੱਖਵਾਲੀ	Hoee Raajae Raam Kee Rakhavaalee ||	I have attained the Protective Sanctuary of the Lord, my King.	ਹੇ ਭਾਈ! ਪ੍ਰਭੂ-ਪਾਤਿਸ਼ਾਹ (ਜਿਸ ਮਨੁੱਖ ਦੀ ਪਾਪਾਂ ਵਲੋਂ) ਰਾਖੀ ਕਰਦਾ ਹੈ,
26933	620	ਸੂਖ ਸਹਜ ਆਨਦ ਗੁਣ ਗਾਵਹੁ ਮਨੁ ਤਨੁ ਦੇਹ ਸੁਖਾਲੀ॥ਰਹਾਉ॥	ਸੁੱਖਾਲੀ	Sookh Sehaj Aanadh Gun Gaavahu Man Than Dhaeh Sukhaalee || Rehaao ||	In celestial peace and ecstasy, I sing the Glorious Praises of the Lord, and my mind, body and being are at peace. ||Pause||	ਉਸ ਦਾ ਮਨ ਸੁਖੀ ਹੋ ਜਾਂਦਾ ਹੈ, ਉਸ ਦਾ ਸਰੀਰ ਸੁਖੀ ਹੋ ਜਾਂਦਾ ਹੈ। (ਹੇ ਭਾਈ! ਤੁਸੀਂ ਭੀ) ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਇਆ ਕਰੋ, (ਤੁਹਾਨੂੰ ਭੀ) ਸੁਖ ਮਿਲਣਗੇ, ਆਤਮਕ ਅਡੋਲਤਾ ਦੇ ਆਨੰਦ ਮਿਲਣਗੇ। ਰਹਾਉ॥

26934	620	ਪਤਿਤ ਉਧਾਰਣੁ ਸਤਿਗੁਰੁ ਮੇਰਾ ਮੋਹਿ ਤਿਸ ਕਾ ਭਰਵਾਸਾ॥		Pathith Oudhhaaran Sathigur Maeraa Mohi This Kaa Bharavaasaa ||	My True Guru is the Savior of sinners; I have placed my trust and faith in Him.	ਹੇ ਭਾਈ! ਮੇਰਾ ਗੁਰੂ ਵਿਕਾਰੀਆਂ ਨੂੰ (ਵਿਕਾਰਾਂ ਤੋਂ) ਬਚਾਣ ਵਾਲਾ ਹੈ। ਮੈਨੂੰ ਭੀ ਉਸ ਦਾ (ਹੀ) ਸਹਾਰਾ ਹੈ।
26935	620	ਬਖਸਿ ਲਏ ਸਭਿ ਸਚੈ ਸਾਹਿਬਿ ਸੁਣਿ ਨਾਨਕ ਕੀ ਅਰਦਾਸਾ॥੨॥੧੭॥੪੫॥		Bakhas Leae Sabh Sachai Saahib Sun Naanak Kee Aradhaasaa ||2||17||45||	The True Lord has heard Nanak's prayer, and He has forgiven everything. ||2||17||45||	ਜਿਸ ਸਦਾ ਕਾਇਮ ਰਹਿਣ ਵਾਲੇ ਮਾਲਕ ਨੇ ਸਾਰੇ ਜੀਵ (ਗੁਰੂ ਦੀ ਸ਼ਰਨ ਪਾ ਕੇ) ਬਖ਼ਸ਼ ਲਏ ਹਨ (ਜੇਹੜਾ ਸਦਾ-ਥਿਰ ਪ੍ਰਭੂ ਵਿਕਾਰੀਆਂ ਨੂੰ ਭੀ ਗੁਰੂ ਦੀ ਸ਼ਰਨ ਪਾ ਕੇ ਬਖ਼ਸ਼ਦਾ ਆ ਰਿਹਾ ਹੈ), ਉਹ ਪ੍ਰਭੂ ਨਾਨਕ ਦੀ ਅਰਜ਼ੋਈ ਭੀ ਸੁਣਨ ਵਾਲਾ ਹੈ ॥੨॥੧੭॥੪੫॥
26936	620	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26937	620	ਬਖਸਿਆ ਪਾਰਬ੍ਰਹਮ ਪਰਮੇਸਰਿ ਸਗਲੇ ਰੋਗ ਬਿਦਾਰੇ॥		Bakhasiaa Paarabreham Paramaesar Sagalae Rog Bidhaarae ||	The Supreme Lord God, the Transcendent Lord, has forgiven me, and all diseases have been cured.	ਹੇ ਭਾਈ! ਪਾਰਬ੍ਰਹਮ ਪਰਮੇਸਰ ਨੇ (ਜਿਸ ਸੇਵਕ ਉੱਤੇ) ਬਖ਼ਸ਼ਸ਼ ਕੀਤੀ, ਉਸ ਦੇ ਸਾਰੇ ਰੋਗ ਉਸਨੇ ਦੂਰ ਕਰ ਦਿੱਤੇ।

26938	620	ਗੁਰ ਪੂਰੇ ਕੀ ਸਰਣੀ ਉਬਰੇ ਕਾਰਜ ਸਗਲ ਸਵਾਰੇ॥੧॥		Gur Poorae Kee Saranee Oubarae Kaaraj Sagal Savaarae ||1||	Those who come to the Sanctuary of the True Guru are saved, and all their affairs are resolved. ||1||	ਜੇਹੜੇ ਭੀ ਮਨੁੱਖ ਗੁਰੂ ਦੀ ਸ਼ਰਨ ਪੈਂਦੇ ਹਨ, ਉਹ ਦੁੱਖਾਂ-ਕਲੇਸ਼ਾਂ ਤੋਂ ਬਚ ਜਾਂਦੇ ਹਨ। ਗੁਰੂ ਉਹਨਾਂ ਦੇ ਸਾਰੇ ਕੰਮ ਸਵਾਰ ਦੇਂਦਾ ਹੈ ॥੧॥
26939	620	ਹਰਿ ਜਨਿ ਸਿਮਰਿਆ ਨਾਮ ਅਧਾਰਿ॥		Har Jan Simariaa Naam Adhhaar ||	The Lord's humble servant meditates in remembrance on the Naam, the Name of the Lord; this is his only support.	ਹੇ ਭਾਈ! ਪਰਮਾਤਮਾ ਦੇ ਜਿਸ ਸੇਵਕ ਨੇ ਪਰਮਾਤਮਾ ਦਾ ਨਾਮ ਸਿਮਰਿਆ, ਨਾਮ ਦੇ ਆਸਰੇ ਵਿਚ (ਆਪਣੇ ਆਪ ਨੂੰ ਤੋਰਿਆ),
26940	620	ਤਾਪੁ ਉਤਾਰਿਆ ਸਤਿਗੁਰਿ ਪੂਰੈ ਅਪਣੀ ਕਿਰਪਾ ਧਾਰਿ॥ਰਹਾਉ॥		Thaap Outhaariaa Sathigur Poorai Apanee Kirapaa Dhhaar || Rehaao ||	The Perfect True Guru extended His Mercy, and the fever has been dispelled. ||Pause||	ਪੂਰੇ ਗੁਰੂ ਨੇ ਆਪਣੀ ਕਿਰਪਾ ਕਰ ਕੇ (ਉਸ ਦਾ) ਤਾਪ ਲਾਹ ਦਿੱਤਾ ਰਹਾਉ॥
26941	620	ਸਦਾ ਅਨੰਦ ਕਰਹ ਮੇਰੇ ਪਿਆਰੇ ਹਰਿ ਗੋਵਿਦੁ ਗੁਰਿ ਰਾਖਿਆ॥		Sadhaa Anandh Kareh Maerae Piaarae Har Govidh Gur Raakhiaa ||	So celebrate and be happy, my beloveds - the Guru has saved Hargobind.	ਹੇ ਮੇਰੇ ਪਿਆਰੇ (ਭਾਈ)! (ਗੁਰੂ ਦੀ ਸ਼ਰਨ ਪੈ ਕੇ) ਅਸੀਂ (ਭੀ) ਸਦਾ ਆਨੰਦ ਮਾਣਦੇ ਹਾਂ। ਹਰਿ ਗੋਬਿੰਦ ਨੂੰ ਗੁਰੂ ਨੇ (ਹੀ ਤਾਪ ਤੋਂ) ਬਚਾਇਆ ਹੈ।

26942	620	ਵਡੀ ਵਡਿਆਈ ਨਾਨਕ ਕਰਤੇ ਕੀ ਸਾਚੁ ਸਬਦੁ ਸਤਿ ਭਾਖਿਆ॥੨॥੧੮॥੪੬॥		Vaddee Vaddiaaee Naanak Karathae Kee Saach Sabadh Sath Bhaakhiaa ||2||18||46||	Great is the glorious greatness of the Creator, O Nanak; True is the Word of His Shabad, and True is the sermon of His Teachings. ||2||18||46||	ਹੇ ਨਾਨਕ! ਸਿਰਜਣਹਾਰ ਕਰਤਾਰ ਵੱਡੀਆਂ ਤਾਕਤਾਂ ਦਾ ਮਾਲਕ ਹੈ। ਉਸ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਸ਼ਬਦ (ਹੀ) ਉਚਾਰਨਾ ਚਾਹੀਦਾ ਹੈ। (ਗੁਰੂ ਨੇ ਇਹ) ਸਹੀ ਬਚਨ ਉਚਾਰਿਆ ਹੈ (ਠੀਕ ਉਪਦੇਸ਼ ਦਿੱਤਾ ਹੈ) ॥੨॥੧੮॥੪੬॥
26943	620	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26944	620	ਭਏ ਕ੍ਰਿਪਾਲ ਸੁਆਮੀ ਮੇਰੇ ਤਿਤੁ ਸਾਚੈ ਦਰਬਾਰਿ॥		Bheae Kirapaal Suaamee Maerae Thith Saachai Dharabaar ||	My Lord and Master has become Merciful, in His True Court.	ਹੇ ਭਾਈ! ਜਿਸ ਮਨੁੱਖ ਉੱਤੇ ਮੇਰੇ ਮਾਲਕ-ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਉਸ ਸਦਾ ਕਾਇਮ ਰਹਿਣ ਵਾਲੇ ਦਰਬਾਰ ਵਿਚ (ਉਸ ਦੀ ਪਹੁੰਚ ਹੋ ਜਾਂਦੀ ਹੈ। ਉਸ ਦੀ ਸੁਰਤਿ ਪ੍ਰਭੂ-ਚਰਨਾਂ ਵਿਚ ਜੁੜਨ ਲੱਗ ਪੈਂਦੀ ਹੈ।
26945	620	ਸਤਿਗੁਰਿ ਤਾਪੁ ਗਵਾਇਆ ਭਾਈ ਠਾਂਢਿ ਪਈ ਸੰਸਾਰਿ॥		Sathigur Thaap Gavaaeiaa Bhaaee Thaandt Pee Sansaar ||	The True Guru has taken away the fever, and the whole world is at peace, O Siblings of Destiny.	ਪ੍ਰਭੂ ਦੀ ਕਿਰਪਾ ਨਾਲ ਜਦੋਂ) ਗੁਰੂ ਨੇ (ਉਸ ਦਾ ਦੁੱਖਾਂ ਪਾਪਾਂ ਦਾ) ਤਾਪ ਦੂਰ ਕਰ ਦਿੱਤਾ (ਤਾਂ ਉਸ ਦੇ ਵਾਸਤੇ ਸਾਰੇ) ਸੰਸਾਰ ਵਿਚ ਹੀ ਸ਼ਾਂਤੀ ਵਰਤ ਜਾਂਦੀ ਹੈ (ਜਗਤ ਦਾ ਕੋਈ ਦੁੱਖ ਪਾਪ ਉਸ ਨੂੰ ਪੋਹ ਨਹੀਂ ਸਕਦਾ)।

26946	620	ਅਪਣੇ ਜੀਅ ਜੰਤ ਆਪੇ ਰਾਖੇ ਜਮਹਿ ਕੀਓ ਹਟਤਾਰਿ॥੧॥	(ਹਟਤਾਰਿ) ਹੜਤਾਲ। (੨. ਹਟ ਤਾਰਿ)	Apanae Jeea Janth Aapae Raakhae Jamehi Keeou Hattathaar ||1||	The Lord Himself protects His beings and creatures, and the Messenger of Death is out of work. ||1||	ਹੇ ਭਾਈ! ਪ੍ਰਭੂ ਆਪ ਹੀ ਆਪਣੇ ਸੇਵਕਾਂ ਦੀ (ਦੁੱਖਾਂ ਪਾਪਾਂ ਵਲੋਂ) ਰਾਖੀ ਕਰਦਾ ਹੈ, ਆਤਮਕ ਮੌਤ ਉਹਨਾਂ ਨੂੰ ਪੋਹ ਨਹੀਂ ਸਕਦੀ (ਜਮ ਉਹਨਾਂ ਉੱਤੇ ਆਪਣਾ ਪ੍ਰਭਾਵ ਪਾਣ ਦਾ ਜਤਨ ਛੱਡ ਦੇਂਦਾ ਹੈ) ॥੧॥
26947	620	ਹਰਿ ਕੇ ਚਰਣ ਰਿਦੈ ਉਰਿ ਧਾਰਿ॥		Har Kae Charan Ridhai Our Dhhaar ||	Enshrine the Lord's feet within your heart.	ਹੇ ਭਾਈ! ਪਰਮਾਤਮਾ ਦੇ ਚਰਨ ਆਪਣੇ ਹਿਰਦੇ ਵਿਚ ਟਿਕਾਈ ਰੱਖ।
26948	620	ਸਦਾ ਸਦਾ ਪ੍ਰਭੁ ਸਿਮਰੀਐ ਭਾਈ ਦੁਖ ਕਿਲਬਿਖ ਕਾਟਣਹਾਰੁ॥੧॥ਰਹਾਉ॥		Sadhaa Sadhaa Prabh Simareeai Bhaaee Dhukh Kilabikh Kaattanehaar ||1|| Rehaao ||	Forever and ever, meditate in remembrance on God, O Siblings of Destiny. He is the Eradicator of suffering and sins. ||1||Pause||	ਹੇ ਭਾਈ! ਪਰਮਾਤਮਾ ਨੂੰ ਸਦਾ ਸਦਾ ਹੀ ਸਿਮਰਨਾ ਚਾਹੀਦਾ ਹੈ। ਉਹ ਪਰਮਾਤਮਾ ਹੀ ਸਾਰੇ ਦੁੱਖਾਂ ਪਾਪਾਂ ਦਾ ਨਾਸ ਕਰਨ ਵਾਲਾ ਹੈ ॥੧॥ ਰਹਾਉ ॥
26949	620	ਤਿਸ ਕੀ ਸਰਣੀ ਊਬਰੈ ਭਾਈ ਜਿਨਿ ਰਚਿਆ ਸਭੁ ਕੋਇ॥		This Kee Saranee Oobarai Bhaaee Jin Rachiaa Sabh Koe ||	He fashioned all beings, O Siblings of Destiny, and His Sanctuary saves them.	ਹੇ ਭਾਈ! ਜਿਸ ਪਰਮਾਤਮਾ ਨੇ ਹਰੇਕ ਜੀਵ ਪੈਦਾ ਕੀਤਾ ਹੈ (ਜੇਹੜਾ ਮਨੁੱਖ) ਉਸ ਦੀ ਸ਼ਰਨ ਪੈਂਦਾ ਹੈ ਉਹ (ਦੁੱਖਾਂ ਪਾਪਾਂ ਤੋਂ) ਬਚ ਜਾਂਦਾ ਹੈ।

26950	620	ਕਰਣ ਕਾਰਣ ਸਮਰਥੁ ਸੋ ਭਾਈ ਸਚੈ ਸਚੀ ਸੋਇ॥	ਸਮਰੱਥੁ	Karan Kaaran Samarathh So Bhaaee Sachai Sachee Soe ||	He is the Almighty Creator, the Cause of causes, O Siblings of Destiny; He, the True Lord, is True.	ਹੇ ਭਾਈ! ਉਹ ਪਰਮਾਤਮਾ ਸਾਰੇ ਜਗਤ ਦਾ ਮੂਲ ਹੈ, ਸਭ ਤਾਕਤਾਂ ਦਾ ਮਾਲਕ ਹੈ, ਉਸ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਸੋਭਾ ਭੀ ਸਦਾ ਕਾਇਮ ਰਹਿਣ ਵਾਲੀ ਹੈ।
26951	620	ਨਾਨਕ ਪ੍ਰਭੂ ਧਿਆਈਐ ਭਾਈ ਮਨੁ ਤਨੁ ਸੀਤਲੁ ਹੋਇ॥੨॥੧੯॥੪੭॥		Naanak Prabhoo Dhhiaaeeai Bhaaee Man Than Seethal Hoe ||2||19||47||	Nanak: meditate on God, O Siblings of Destiny, and your mind and body shall be cool and calm. ||2||19||47||	ਹੇ ਨਾਨਕ! (ਆਖ-) ਹੇ ਭਾਈ! ਉਸ ਪ੍ਰਭੂ ਦਾ ਸਿਮਰਨ ਕਰਨਾ ਚਾਹੀਦਾ ਹੈ, (ਸਿਮਰਨ ਦੀ ਬਰਕਤਿ ਨਾਲ) ਮਨ ਸ਼ਾਂਤ ਹੋ ਜਾਂਦਾ ਹੈ, ਤਨ ਸ਼ਾਂਤ ਹੋ ਜਾਂਦਾ ਹੈ ॥੨॥੧੯॥੪੭॥
26952	620	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26953	620	ਸੰਤਹੁ ਹਰਿ ਹਰਿ ਨਾਮੁ ਧਿਆਈ॥		Santhahu Har Har Naam Dhhiaaee ||	O Saints, meditate on the Name of the Lord, Har, Har.	ਹੇ ਸੰਤ ਜਨੋ! (ਅਰਦਾਸ ਕਰੋ ਕਿ) ਮੈਂ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹਾਂ।
26954	620	ਸੁਖਸਾਗਰ ਪ੍ਰਭੁ ਵਿਸਰਉ ਨਾਹੀ ਮਨ ਚਿੰਦਿਅੜਾ ਫਲੁ ਪਾਈ॥੧॥ਰਹਾਉ॥		Sukh Saagar Prabh Visaro Naahee Man Chindhiarraa Fal Paaee ||1|| Rehaao ||	Never forget God, the ocean of peace; thus you shall obtain the fruits of your mind's desires. ||1||Pause||	ਸੁਖਾਂ ਦਾ ਸਮੁੰਦਰ ਪਰਮਾਤਮਾ ਮੈਨੂੰ ਕਦੇ ਨਾਹ ਭੁੱਲੇ, ਮੈਂ (ਉਸ ਦੇ ਦਰ ਤੋਂ) ਮਨ-ਇੱਛਤ ਫਲ ਪ੍ਰਾਪਤ ਕਰਦਾ ਰਹਾਂ ॥੧॥ ਰਹਾਉ ॥

26955	620	ਸਤਿਗੁਰਿ ਪੂਰੈ ਤਾਪੁ ਗਵਾਇਆ ਅਪਣੀ ਕਿਰਪਾ ਧਾਰੀ॥		Sathigur Poorai Thaap Gavaaeiaa Apanee Kirapaa Dhhaaree ||	Extending His Mercy, the Perfect True Guru has dispelled the fever.	ਹੇ ਸੰਤ ਜਨੋ! ਪੂਰੇ ਗੁਰੂ ਨੇ (ਬਾਲਕ ਹਰਿ ਗੋਬਿੰਦ ਦਾ) ਤਾਪ ਲਾਹ ਦਿੱਤਾ, ਗੁਰੂ ਨੇ ਆਪਣੀ ਕਿਰਪਾ ਕੀਤੀ ਹੈ।
26956	620	ਪਾਰਬ੍ਰਹਮ ਪ੍ਰਭ ਭਏ ਦਇਆਲਾ ਦੁਖੁ ਮਿਟਿਆ ਸਭ ਪਰਵਾਰੀ॥੧॥	(ਪਰਵਾਰੀ) ਘੇਰਾ, ਪ੍ਰਵਾਰ ਸਮੇਤ। ਦਇਆਲਾ	Paarabreham Prabh Bheae Dhaeiaalaa Dhukh Mittiaa Sabh Paravaaree ||1||	The Supreme Lord God has become kind and compassionate, and my whole family is now free of pain and suffering. ||1||	ਪਰਮਾਤਮਾ ਦਇਆਵਾਨ ਹੋਇਆ ਹੈ, ਸਾਰੇ ਪਰਵਾਰ ਦਾ ਦੁੱਖ ਮਿਟ ਗਿਆ ਹੈ ॥੧॥
26957	620	ਸਰਬ ਨਿਧਾਨ ਮੰਗਲ ਰਸ ਰੂਪਾ ਹਰਿ ਕਾ ਨਾਮੁ ਅਧਾਰੋ॥		Sarab Nidhhaan Mangal Ras Roopaa Har Kaa Naam Adhhaaro ||	The Treasure of absolute joy, sublime elixir and beauty, the Name of the Lord is my only Support.	ਹੇ ਸੰਤ ਜਨੋ! ਪਰਮਾਤਮਾ ਦਾ ਨਾਮ ਹੀ (ਸਾਡਾ) ਆਸਰਾ ਹੈ, ਨਾਮ ਹੀ ਸਾਰੀਆਂ ਖ਼ੁਸ਼ੀਆਂ ਰਸਾਂ ਰੂਪਾਂ ਦਾ ਖ਼ਜ਼ਾਨਾ ਹੈ।
26958	620	ਨਾਨਕ ਪਤਿ ਰਾਖੀ ਪਰਮੇਸਰਿ ਉਧਰਿਆ ਸਭੁ ਸੰਸਾਰੋ॥੨॥੨੦॥੪੮॥	ਉ-ਧਰਿਆ	Naanak Path Raakhee Paramaesar Oudhhariaa Sabh Sansaaro ||2||20||48||	O Nanak, the Transcendent Lord has preserved my honor, and saved the whole world. ||2||20||48||	ਹੇ ਨਾਨਕ! (ਆਖ-) ਪਰਮੇਸਰ ਨੇ (ਸਾਡੀ) ਇੱਜ਼ਤ ਰੱਖ ਲਈ ਹੈ ਪਰਮੇਸ਼ਰ ਹੀ ਸਾਰੇ ਸੰਸਾਰ ਦੀ ਰੱਖਿਆ ਕਰਨ ਵਾਲਾ ਹੈ ॥੨॥੨੦॥੪੮॥
26959	620	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

26960	620	ਮੇਰਾ ਸਤਿਗੁਰੁ ਰਖਵਾਲਾ ਹੋਆ॥		Maeraa Sathigur Rakhavaalaa Hoaa ||	My True Guru is my Savior and Protector.	ਹੇ ਭਾਈ! ਮੇਰਾ ਗੁਰੂ (ਮੇਰਾ) ਸਹਾਈ ਬਣਿਆ ਹੈ,
26961	620	ਧਾਰਿ ਕ੍ਰਿਪਾ ਪ੍ਰਭ ਹਾਥ ਦੇ ਰਾਖਿਆ ਹਰਿ ਗੋਵਿਦੁ ਨਵਾ ਨਿਰੋਆ॥੧॥ਰਹਾਉ ॥		Dhhaar Kirapaa Prabh Haathh Dhae Raakhiaa Har Govidh Navaa Niroaa ||1|| Rehaao ||	Showering us with His Mercy and Grace, God extended His Hand, and saved Hargobind, who is now safe and secure. ||1||Pause||	(ਗੁਰੂ ਦੀ ਸ਼ਰਨ ਦੀ ਬਰਕਤਿ ਨਾਲ) ਪ੍ਰਭੂ ਨੇ ਕਿਰਪਾ ਕਰ ਕੇ (ਆਪਣੇ) ਹੱਥ ਦੇ ਕੇ (ਬਾਲਕ ਹਰਿ ਗੋਬਿੰਦ ਨੂੰ) ਬਚਾ ਲਿਆ ਹੈ, (ਹੁਣ ਬਾਲਕ) ਹਰਿ ਗੋਬਿੰਦ ਬਿਲਕੁਲ ਰਾਜ਼ੀ-ਬਾਜ਼ੀ ਹੋ ਗਿਆ ਹੈ ॥੧॥ ਰਹਾਉ ॥
26962	620	ਤਾਪੁ ਗਇਆ ਪ੍ਰਭਿ ਆਪਿ ਮਿਟਾਇਆ ਜਨ ਕੀ ਲਾਜ ਰਖਾਈ॥		Thaap Gaeiaa Prabh Aap Mittaaeiaa Jan Kee Laaj Rakhaaee ||	The fever is gone - God Himself eradicated it, and preserved the honor of His servant.	(ਹੇ ਭਾਈ! ਬਾਲਕ ਹਰਿ ਗੋਬਿੰਦ ਦਾ) ਤਾਪ ਲਹਿ ਗਿਆ ਹੈ, ਪ੍ਰਭੂ ਨੇ ਆਪ ਉਤਾਰਿਆ ਹੈ, ਪ੍ਰਭੂ ਨੇ ਆਪਣੇ ਸੇਵਕ ਦੀ ਇੱਜ਼ਤ ਰੱਖ ਲਈ ਹੈ।
26963	620	ਸਾਧਸੰਗਤਿ ਤੇ ਸਭ ਫਲ ਪਾਏ ਸਤਿਗੁਰ ਕੈ ਬਲਿ ਜਾਂਈ॥੧॥		Saadhhasangath Thae Sabh Fal Paaeae Sathigur Kai Bal Jaanee ||1||	I have obtained all blessings from the Saadh Sangat, the Company of the Holy; I am a sacrifice to the True Guru. ||1||	ਹੇ ਭਾਈ! ਗੁਰੂ ਦੀ ਸੰਗਤਿ ਤੋਂ (ਮੈਂ) ਸਾਰੇ ਫਲ ਪ੍ਰਾਪਤ ਕੀਤੇ ਹਨ, ਮੈਂ (ਸਦਾ) ਗੁਰੂ ਤੋਂ (ਹੀ) ਕੁਰਬਾਨ ਜਾਂਦਾ ਹਾਂ ॥੧॥

26964	620	ਹਲਤੁ ਪਲਤੁ ਪ੍ਰਭ ਦੋਵੈ ਸਵਾਰੇ ਹਮਰਾ ਗੁਣੁ ਅਵਗੁਣੁ ਨ ਬੀਚਾਰਿਆ॥		Halath Palath Prabh Dhovai Savaarae Hamaraa Gun Avagun N Beechaariaa ||	God has saved me, both here and hereafter. He has not taken my merits and demerits into account.	(ਹੇ ਭਾਈ ਜੇਹੜਾ ਭੀ ਮਨੁੱਖ ਪ੍ਰਭੂ ਦਾ ਪੱਲਾ ਫੜੀ ਰੱਖਦਾ ਹੈ, ਉਸ ਦਾ) ਇਹ ਲੋਕ ਤੇ ਪਰਲੋਕ ਦੋਵੇਂ ਹੀ ਪਰਮਾਤਮਾ ਸਵਾਰ ਦੇਂਦਾ ਹੈ। ਅਸਾਂ ਜੀਵਾਂ ਦਾ ਕੋਈ ਗੁਣ ਜਾਂ ਔਗੁਣ ਪਰਮਾਤਮਾ ਚਿੱਤ ਵਿਚ ਨਹੀਂ ਰੱਖਦਾ।
26965	621	ਅਟਲ ਬਚਨੁ ਨਾਨਕ ਗੁਰ ਤੇਰਾ ਸਫਲ ਕਰੁ ਮਸਤਕਿ ਧਾਰਿਆ॥੨॥੨੧॥੪੯॥	ਅ-ਟਲ	Attal Bachan Naanak Gur Thaeraa Safal Kar Masathak Dhhaariaa ||2||21||49||	Your Word is eternal, O Guru Nanak; You placed Your Hand of blessing upon my forehead. ||2||21||49||	ਹੇ ਨਾਨਕ! (ਆਖ-) ਹੇ ਗੁਰੂ! ਤੇਰਾ (ਇਹ) ਬਚਨ ਕਦੇ ਟਲਣ ਵਾਲਾ ਨਹੀਂ (ਕਿ ਪਰਮਾਤਮਾ ਹੀ ਜੀਵ ਦਾ ਲੋਕ ਪਰਲੋਕ ਵਿਚ ਰਾਖਾ ਹੈ)। ਹੇ ਗੁਰੂ! ਤੂੰ ਆਪਣਾ ਬਰਕਤਿ ਵਾਲਾ ਹੱਥ (ਅਸਾਂ ਜੀਵਾਂ ਦੇ) ਮੱਥੇ ਉੱਤੇ ਰੱਖਦਾ ਹੈਂ ॥੨॥੨੧॥੪੯॥
26966	621	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26967	621	ਜੀਅ ਜੰਤ੍ਰ ਸਭਿ ਤਿਸ ਕੇ ਕੀਏ ਸੋਈ ਸੰਤ ਸਹਾਈ॥		Jeea Janthr Sabh This Kae Keeeae Soee Santh Sehaaee ||	All beings and creatures were created by Him; He alone is the support and friend of the Saints.	ਹੇ ਭਾਈ! ਸਾਰੇ ਜੀਵ ਉਸ (ਪਰਮਾਤਮਾ) ਦੇ ਹੀ ਪੈਦਾ ਕੀਤੇ ਹੋਏ ਹਨ; ਉਹ ਪਰਮਾਤਮਾ ਹੀ ਸੰਤ ਜਨਾਂ ਦਾ ਮਦਦਗਾਰ ਰਹਿੰਦਾ ਹੈ।

26968	621	ਅਪੁਨੇ ਸੇਵਕ ਕੀ ਆਪੇ ਰਾਖੈ ਪੂਰਨ ਭਈ ਬਡਾਈ॥੧॥		Apunae Saevak Kee Aapae Raakhai Pooran Bhee Baddaaee ||1||	He Himself preserves the honor of His servants; their glorious greatness becomes perfect. ||1||	ਆਪਣੇ ਸੇਵਕ ਦੀ (ਇੱਜ਼ਤ) ਪਰਮਾਤਮਾ ਆਪ ਹੀ ਰੱਖਦਾ ਹੈ (ਉਸ ਦੀ ਕਿਰਪਾ ਨਾਲ ਹੀ ਸੇਵਕ ਦੀ) ਇੱਜ਼ਤ ਪੂਰੇ ਤੌਰ ਤੇ ਬਣੀ ਰਹਿੰਦੀ ਹੈ ॥੧॥
26969	621	ਪਾਰਬ੍ਰਹਮੁ ਪੂਰਾ ਮੇਰੈ ਨਾਲਿ॥		Paarabreham Pooraa Maerai Naal ||	The Perfect Supreme Lord God is always with me.	ਹੇ ਭਾਈ! ਪੂਰਨ ਪਰਮਾਤਮਾ (ਸਦਾ) ਮੇਰੇ ਅੰਗ-ਸੰਗ (ਸਹਾਈ) ਹੈ।
26970	621	ਗੁਰਿ ਪੂਰੈ ਪੂਰੀ ਸਭ ਰਾਖੀ ਹੋਏ ਸਰਬ ਦਇਆਲ॥੧॥ਰਹਾਉ॥		Gur Poorai Pooree Sabh Raakhee Hoeae Sarab Dhaeiaal ||1|| Rehaao ||	The Perfect Guru has perfectly and totally protected me, and now everyone is kind and compassionate to me. ||1||Pause||	ਪੂਰੇ ਗੁਰੂ ਨੇ ਚੰਗੀ ਤਰ੍ਹਾਂ ਮੇਰੀ (ਇੱਜ਼ਤ) ਰੱਖ ਲਈ ਹੈ। ਗੁਰੂ ਸਾਰੇ ਜੀਵਾਂ ਉੱਤੇ ਹੀ ਦਇਆਵਾਨ ਰਹਿੰਦਾ ਹੈ ॥੧॥ ਰਹਾਉ ॥
26971	621	ਅਨ ਦਿਨੁ ਨਾਨਕੁ ਨਾਮੁ ਧਿਆਏ ਜੀਅ ਪ੍ਰਾਨ ਕਾ ਦਾਤਾ॥		Anadhin Naanak Naam Dhhiaaeae Jeea Praan Kaa Dhaathaa ||	Night and day, Nanak meditates on the Naam, the Name of the Lord; He is the Giver of the soul, and the breath of life itself.	ਹੇ ਭਾਈ! ਨਾਨਕ (ਤਾਂ ਉਸ ਪਰਮਾਤਮਾ ਦਾ) ਨਾਮ ਹਰ ਵੇਲੇ ਸਿਮਰਦਾ ਰਹਿੰਦਾ ਹੈ ਜੋ ਜਿੰਦ ਦੇਣ ਵਾਲਾ ਹੈ ਜੋ ਸੁਆਸ ਦੇਣ ਵਾਲਾ ਹੈ।

26972	621	ਅਪੁਨੇ ਦਾਸ ਕਉ ਕੰਠਿ ਲਾਇ ਰਾਖੈ ਜਿਉ ਬਾਰਿਕ ਪਿਤ ਮਾਤਾ॥੨॥੨੨॥੫੦॥		Apunae Dhaas Ko Kanth Laae Raakhai Jio Baarik Pith Maathaa ||2||22||50||	He hugs His slave close in His loving embrace, like the mother and father hug their child. ||2||22||50||	ਹੇ ਭਾਈ! ਜਿਵੇਂ ਮਾਪੇ ਆਪਣੇ ਬੱਚਿਆਂ ਦਾ ਧਿਆਨ ਰੱਖਦੇ ਹਨ, ਤਿਵੇਂ ਪਰਮਾਤਮਾ ਆਪਣੇ ਸੇਵਕ ਨੂੰ (ਆਪਣੇ) ਗਲ ਨਾਲ ਲਾ ਕੇ ਰੱਖਦਾ ਹੈ ॥੨॥੨੨॥੫੦॥
26973	621	ਸੋਰਠਿ ਮਹਲਾ ੫ ਘਰੁ ੩ ਚਉਪਦੇ		Sorath Mehalaa 5 Ghar 3 Choupadhae	Sorat'h, Fifth Mehl, Third House, Chau-Padas:	ਰਾਗ ਸੋਰਠਿ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
26974	621	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
26975	621	ਮਿਲਿ ਪੰਚਹੁ ਨਹੀ ਸਹਸਾ ਚੁਕਾਇਆ॥		Mil Panchahu Nehee Sehasaa Chukaaeiaa ||	Meeting with the council, my doubts were not dispelled.	ਹੇ ਭਾਈ! ਨਗਰ ਦੇ ਪੈਂਚਾਂ ਨੂੰ ਮਿਲ ਕੇ (ਕਾਮਾਦਿਕ ਵੈਰੀਆਂ ਤੋਂ ਪੈ ਰਿਹਾ) ਸਹਿਮ ਦੂਰ ਨਹੀਂ ਕੀਤਾ ਜਾ ਸਕਦਾ।
26976	621	ਸਿਕਦਾਰਹੁ ਨਹ ਪਤੀਆਇਆ॥	ਸਿੱਕਾ ਚਲਾਉਣ ਵਾਲੇ (ਸਿੱਕਦਾਰਹੁ) ਜ਼ਾਬਰਾਂ ਤੋਂ। ਪਤੀ-ਆਇਆ	Sikadhaarahu Neh Patheeaaeiaa ||	The chiefs did not give me satisfaction.	ਸਰਦਾਰਾਂ ਲੋਕਾਂ ਤੋਂ ਭੀ ਤਸੱਲੀ ਨਹੀਂ ਮਿਲ ਸਕਦੀ (ਕਿ ਇਹ ਵੈਰੀ ਤੰਗ ਨਹੀਂ ਕਰਨਗੇ।)
26977	621	ਉਮਰਾਵਹੁ ਆਗੈ ਝੇਰਾ॥	(ਉਮਰਾਵਹੁ) ਸਰਕਾਰੀ ਹਾਕਮ। (ਝੇਰਾ) ਝਗੜਾ	Oumaraavahu Aagai Jhaeraa ||	I presented my dispute to the noblemen as well.	ਸਰਕਾਰੀ ਹਾਕਮਾਂ ਅੱਗੇ ਭੀ ਇਹ ਝਗੜਾ (ਪੇਸ਼ ਕੀਤਿਆਂ ਕੁਝ ਨਹੀਂ ਬਣਦਾ।)

26978	621	ਮਿਲਿ ਰਾਜਨਰਾਮ ਨਿਬੇਰਾ॥੧॥	(ਰਾਜਨਰਾਮ) ਮਹਾਰਾਜਿਆਂ ਦੇ ਰਾਜੇ ਵਾਹਿਗੁਰੂ। ਪਾਪ ਔਗੁਣ ਹੰਕਾਰ ਵਿਕਾਰ ਹਿਸਾਬ ਦਾ (ਨਿਬੇਰਾ) ਖ਼ਾਤਮਾ	Mil Raajan Raam Nibaeraa ||1||	But it was only settled by meeting with the King, my Lord. ||1||	ਪ੍ਰਭੂ ਪਾਤਿਸ਼ਾਹ ਨੂੰ ਮਿਲ ਕੇ ਫ਼ੈਸਲਾ ਹੋ ਜਾਂਦਾ ਹੈ (ਤੇ, ਕਾਮਾਦਿਕ ਵੈਰੀਆਂ ਦਾ ਡਰ ਮੁੱਕ ਜਾਂਦਾ ਹੈ) ॥੧॥
26979	621	ਅਬ ਢੂਢਨ ਕਤਹੁ ਨ ਜਾਈ॥		Ab Dtoodtan Kathahu N Jaaee ||	Now, I do not go searching anywhere else,	ਹੁਣ (ਕਾਮਾਦਿਕ ਵੈਰੀਆਂ ਤੋਂ ਪੈ ਰਹੇ ਸਹਿਮ ਤੋਂ ਬਚਣ ਲਈ) ਕਿਸੇ ਹੋਰ ਥਾਂ (ਆਸਰਾ) ਭਾਲਣ ਦੀ ਲੋੜ ਨਾਹ ਰਹਿ ਗਈ,
26980	621	ਗੋਬਿਦ ਭੇਟੇ ਗੁਰ ਗੋਸਾਈ॥ਰਹਾਉ॥		Gobidh Bhaettae Gur Gosaaee || Rehaao ||	Because I have met the Guru, the Lord of the Universe. ||Pause||	ਜਦੋਂ ਗੋਬਿੰਦ ਨੂੰ, ਗੁਰੂ ਨੂੰ ਸ੍ਰਿਸ਼ਟੀ ਦੇ ਖਸਮ ਨੂੰ ਮਿਲ ਪਏ। ਰਹਾਉ॥
26981	621	ਆਇਆ ਪ੍ਰਭ ਦਰਬਾਰਾ॥		Aaeiaa Prabh Dharabaaraa ||	When I came to God's Darbaar, His Holy Court,	ਹੇ ਭਾਈ! ਜਦੋਂ ਮਨੁੱਖ ਪ੍ਰਭੂ ਦੀ ਹਜ਼ੂਰੀ ਵਿਚ ਪਹੁੰਚਦਾ ਹੈ (ਚਿੱਤ ਜੋੜਦਾ ਹੈ),
26982	621	ਤਾ ਸਗਲੀ ਮਿਟੀ ਪੂਕਾਰਾ॥	ਮਿਟੀ:ਪੋਲਾ ਬੋਲੋ	Thaa Sagalee Mittee Pookaaraa ||	Then all of my cries and complaints were settled.	ਤਦੋਂ ਇਸ ਦੀ (ਕਾਮਾਦਿਕ ਵੈਰੀਆਂ ਦੇ ਵਿਰੁੱਧ) ਸਾਰੀ ਸ਼ਿਕੈਤ ਮੁੱਕ ਜਾਂਦੀ ਹੈ।
26983	621	ਲਬਧਿ ਆਪਨੀ ਪਾਈ॥	(ਲਬਧਿ) ਲੋੜੀਂਦੀ ਵਸਤੂ	Labadhh Aapanee Paaee ||	Now that I have attained what I had sought,	ਤਦੋਂ ਮਨੁੱਖ ਉਹ ਵਸਤ ਹਾਸਲ ਕਰ ਲੈਂਦਾ ਹੈ,
26984	621	ਤਾ ਕਤ ਆਵੈ ਕਤ ਜਾਈ॥੨॥		Thaa Kath Aavai Kath Jaaee ||2||	Where should I come and where should I go? ||2||	ਜੋ ਸਦਾ ਇਸ ਦੀ ਆਪਣੀ ਬਣੀ ਰਹਿੰਦੀ ਹੈ, ਤਦੋਂ ਵਿਕਾਰਾਂ ਦੇ ਢਹੇ ਚੜ੍ਹ ਕੇ ਭਟਕਣੋਂ ਬਚ ਜਾਂਦਾ ਹੈ ॥੨॥

26985	621	ਤਹ ਸਾਚ ਨਿਆਇ ਨਿਬੇਰਾ॥		Theh Saach Niaae Nibaeraa ||	There, true justice is administered.	ਹੇ ਭਾਈ! ਪ੍ਰਭੂ ਦੀ ਹਜ਼ੂਰੀ ਵਿਚ ਸਦਾ ਕਾਇਮ ਰਹਿਣ ਵਾਲੇ ਨਿਆਂ ਅਨੁਸਾਰ (ਕਾਮਾਦਿਕਾਂ ਨਾਲ ਹੋ ਰਹੀ ਟੱਕਰ ਦਾ) ਫ਼ੈਸਲਾ ਹੋ ਜਾਂਦਾ ਹੈ।
26986	621	ਊਹਾ ਸਮ ਠਾਕੁਰੁ ਸਮ ਚੇਰਾ॥		Oohaa Sam Thaakur Sam Chaeraa ||	There, the Lord Master and His disciple are one and the same.	ਉਸ ਦਰਗਾਹ ਵਿਚ (ਜਾਬਰਾਂ ਦਾ ਕੋਈ ਲਿਹਾਜ਼ ਨਹੀਂ ਕੀਤਾ ਜਾਂਦਾ) ਮਾਲਕ ਤੇ ਨੌਕਰ ਇਕੋ ਜਿਹਾ ਸਮਝਿਆ ਜਾਂਦਾ ਹੈ।
26987	621	ਅੰਤਰਜਾਮੀ ਜਾਨੈ॥		Antharajaamee Jaanai ||	The Inner-knower, the Searcher of hearts, knows.	ਹਰੇਕ ਦੇ ਦਿਲ ਦੀ ਜਾਣਨ ਵਾਲਾ ਪ੍ਰਭੂ (ਹਜ਼ੂਰੀ ਵਿਚ ਪਹੁੰਚੇ ਹੋਏ ਸਵਾਲੀਏ ਦੇ ਦਿਲ ਦੀ) ਜਾਣਦਾ ਹੈ,
26988	621	ਬਿਨੁ ਬੋਲਤ ਆਪਿ ਪਛਾਨੈ॥੩॥		Bin Bolath Aap Pashhaanai ||3||	Without our speaking, He understands. ||3||	(ਉਸ ਦੇ) ਬੋਲਣ ਤੋਂ ਬਿਨਾਂ ਉਹ ਪ੍ਰਭੂ ਆਪ (ਉਸ ਦੇ ਦਿਲ ਦੀ ਪੀੜਾ ਨੂੰ) ਸਮਝ ਲੈਂਦਾ ਹੈ ॥੩॥
26989	621	ਸਰਬ ਥਾਨ ਕੋ ਰਾਜਾ॥		Sarab Thhaan Ko Raajaa ||	He is the King of all places.	ਹੇ ਭਾਈ! ਪ੍ਰਭੂ ਸਾਰੇ ਥਾਵਾਂ ਦਾ ਮਾਲਕ ਹੈ,
26990	621	ਤਹ ਅਨਹਦ ਸਬਦ ਅਗਾਜਾ॥		Theh Anehadh Sabadh Agaajaa ||	There, the unstruck melody of the Shabad resounds.	ਉਸ ਨਾਲ ਮਿਲਾਪ-ਅਵਸਥਾ ਵਿਚ ਮਨੁੱਖ ਦੇ ਅੰਦਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਇਕ-ਰਸ ਪੂਰਾ ਪ੍ਰਭਾਵ ਪਾ ਲੈਂਦੀ ਹੈ (ਤੇ, ਮਨੁੱਖ ਉੱਤੇ ਕਾਮਾਦਿਕ ਵੈਰੀ ਆਪਣਾ ਜ਼ੋਰ ਨਹੀਂ ਪਾ ਸਕਦੇ)।

26991	621	ਤਿਸੁ ਪਹਿ ਕਿਆ ਚਤੁਰਾਈ॥		This Pehi Kiaa Chathuraaee ||	Of what use is cleverness when dealing with Him?	(ਪਰ, ਹੇ ਭਾਈ! ਉਸ ਨੂੰ ਮਿਲਣ ਵਾਸਤੇ) ਉਸ ਨਾਲ ਕੋਈ ਚਲਾਕੀ ਨਹੀਂ ਕੀਤੀ ਜਾ ਸਕਦੀ।
26992	621	ਮਿਲੁ ਨਾਨਕ ਆਪੁ ਗਵਾਈ॥੪॥੧॥੫੧॥		Mil Naanak Aap Gavaaee ||4||1||51||	Meeting with Him, O Nanak, one loses his self-conceit. ||4||1||51||	ਹੇ ਨਾਨਕ! (ਆਖ-ਹੇ ਭਾਈ! ਜੇ ਉਸ ਨੂੰ ਮਿਲਣਾ ਹੈ, ਤਾਂ) ਆਪਾ-ਭਾਵ ਗਵਾ ਕੇ (ਉਸ ਨੂੰ) ਮਿਲ ॥੪॥੧॥੫੧॥
26993	621	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
26994	621	ਹਿਰਦੈ ਨਾਮੁ ਵਸਾਇਹੁ॥		Hiradhai Naam Vasaaeihu ||	Enshrine the Naam, the Name of the Lord, within your heart;	ਹੇ ਭਾਈ! ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵਸਾਈ ਰੱਖੋ।
26995	621	ਘਰਿ ਬੈਠੇ ਗੁਰੂ ਧਿਆਇਹੁ॥		Ghar Baithae Guroo Dhhiaaeihu ||	Sitting within your own home, meditate on the Guru.	ਅੰਤਰ-ਆਤਮੇ ਟਿਕ ਕੇ ਗੁਰੂ ਦਾ ਧਿਆਨ ਧਰਿਆ ਕਰੋ।
26996	621	ਗੁਰਿ ਪੂਰੈ ਸਚੁ ਕਹਿਆ॥		Gur Poorai Sach Kehiaa ||	The Perfect Guru has spoken the Truth;	ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਸਦਾ-ਥਿਰ ਹਰਿ-ਨਾਮ (ਦੇ ਸਿਮਰਨ) ਦਾ ਉਪਦੇਸ਼ ਦਿੱਤਾ,
26997	621	ਸੋ ਸੁਖੁ ਸਾਚਾ ਲਹਿਆ॥੧॥		So Sukh Saachaa Lehiaa ||1||	The True Peace is obtained only from the Lord. ||1||	ਉਸ ਨੇ ਉਹ ਆਤਮਕ ਆਨੰਦ ਪ੍ਰਾਪਤ ਕਰ ਲਿਆ ਜੋ ਸਦਾ ਕਾਇਮ ਰਹਿੰਦਾ ਹੈ ॥੧॥
26998	621	ਅਪੁਨਾ ਹੋਇਓ ਗੁਰੁ ਮਿਹਰਵਾਨਾ॥		Apunaa Hoeiou Gur Miharavaanaa ||	My Guru has become merciful.	ਹੇ ਭਾਈ! ਜਿਨ੍ਹਾਂ ਮਨੁੱਖਾਂ ਉਤੇ ਪਿਆਰਾ ਗੁਰੂ ਦਇਆਵਾਨ ਹੁੰਦਾ ਹੈ,

26999	621	ਅਨਦ ਸੂਖ ਕਲਿਆਣ ਮੰਗਲ ਸਿਉ ਘਰਿ ਆਏ ਕਰਿ ਇਸਨਾਨਾ॥ਰਹਾਉ॥		Anadh Sookh Kaliaan Mangal Sio Ghar Aaeae Kar Eisanaanaa || Rehaao ||	In bliss, peace, pleasure and joy, I have returned to my own home, after my purifying bath. ||Pause||	ਉਹ ਮਨੁੱਖ ਨਾਮ-ਜਲ ਨਾਲ ਮਨ ਨੂੰ ਪਵਿਤ੍ਰ ਕਰ ਕੇ ਆਤਮਕ ਆਨੰਦ ਸੁਖ ਖ਼ੁਸ਼ੀਆਂ ਨਾਲ ਭਰਪੂਰ ਹੋ ਕੇ ਅੰਤਰ-ਆਤਮੇ ਟਿਕ ਜਾਂਦੇ ਹਨ (ਵਿਕਾਰਾਂ ਆਦਿਕਾਂ ਵਲ ਭਟਕਣੋਂ ਹਟ ਜਾਂਦੇ ਹਨ) ਰਹਾਉ॥
27000	621	ਸਾਚੀ ਗੁਰ ਵਡਿਆਈ॥		Saachee Gur Vaddiaaee ||	True is the glorious greatness of the Guru;	ਹੇ ਭਾਈ! ਗੁਰੂ ਦੀ ਆਤਮਕ ਉੱਚਤਾ ਸਦਾ-ਥਿਰ ਰਹਿਣ ਵਾਲੀ ਹੈ,
27001	621	ਤਾ ਕੀ ਕੀਮਤਿ ਕਹਣੁ ਨ ਜਾਈ॥		Thaa Kee Keemath Kehan N Jaaee ||	His worth cannot be described.	ਉਸ ਦੀ ਕਦਰ-ਕੀਮਤ ਨਹੀਂ ਦੱਸੀ ਜਾ ਸਕਦੀ।
27002	621	ਸਿਰਿ ਸਾਹਾ ਪਾਤਿਸਾਹਾ॥		Sir Saahaa Paathisaahaa ||	He is the Supreme Overlord of kings.	ਗੁਰੂ (ਦੁਨੀਆ ਦੇ) ਸ਼ਾਹ ਦੇ ਸਿਰ ਉੱਤੇ ਪਾਤਿਸ਼ਾਹ ਹੈ।
27003	621	ਗੁਰ ਭੇਟਤ ਮਨਿ ਓਮਾਹਾ॥੨॥		Gur Bhaettath Man Oumaahaa ||2||	Meeting with the Guru, the mind is enraptured. ||2||	ਗੁਰੂ ਨੂੰ ਮਿਲਿਆਂ ਮਨ ਵਿਚ (ਹਰੀ-ਨਾਮ ਸਿਮਰਨ ਦਾ) ਚਾਉ ਪੈਦਾ ਹੋ ਜਾਂਦਾ ਹੈ ॥੨॥
27004	621	ਸਗਲ ਪਰਾਛਤ ਲਾਥੇ॥	(ਪਰਾਛਤ) ਪਾਪ	Sagal Paraashhath Laathhae ||	All sins are washed away,	ਹੇ ਭਾਈ! ਸਾਰੇ ਪਾਪ ਲਹਿ ਜਾਂਦੇ ਹਨ,
27005	621	ਮਿਲਿ ਸਾਧਸੰਗਤਿ ਕੈ ਸਾਥੇ॥		Mil Saadhhasangath Kai Saathhae ||	Meeting with the Saadh Sangat, the Company of the Holy.	ਗੁਰੂ ਦੀ ਸੰਗਤਿ ਵਿਚ ਮਿਲ ਕੇ। (ਗੁਰੂ ਦੀ ਸੰਗਤਿ ਦੀ ਬਰਕਤਿ ਨਾਲ)

27006	621	ਗੁਣ ਨਿਧਾਨ ਹਰਿ ਨਾਮਾ॥		Gun Nidhhaan Har Naamaa ||	The Lord's Name is the treasure of excellence;	ਸਾਰੇ ਗੁਣਾਂ ਦੇ ਖ਼ਜ਼ਾਨੇ ਹਰਿ ਨਾਮ ਨੂੰ-
27007	621	ਜਪਿ ਪੂਰਨ ਹੋਏ ਕਾਮਾ॥੩॥		Jap Pooran Hoeae Kaamaa ||3||	Chanting it, one's affairs are perfectly resolved. ||3||	ਜਪ ਜਪ ਕੇ (ਜ਼ਿੰਦਗੀ ਦੇ) ਸਾਰੇ ਮਨੋਰਥ ਸਫਲ ਹੋ ਜਾਂਦੇ ਹਨ ॥੩॥
27008	621	ਗੁਰਿ ਕੀਨੋ ਮੁਕਤਿ ਦੁਆਰਾ॥		Gur Keeno Mukath Dhuaaraa ||	The Guru has opened the door of liberation,	ਹੇ ਭਾਈ! ਗੁਰੂ ਨੇ (ਹਰਿ-ਨਾਮ ਸਿਮਰਨ ਦਾ ਇਕ ਐਸਾ) ਦਰਵਾਜ਼ਾ ਤਿਆਰ ਕਰ ਦਿੱਤਾ ਹੈ (ਜੋ ਵਿਕਾਰਾਂ ਤੋਂ ਖ਼ਲਾਸੀ (ਕਰਾ ਦੇਂਦਾ ਹੈ)।
27009	621	ਸਭ ਸ੍ਰਿਸਟਿ ਕਰੈ ਜੈਕਾਰਾ॥		Sabh Srisatt Karai Jaikaaraa ||	And the entire world applauds Him with cheers of victory.	(ਗੁਰੂ ਦੀ ਇਸ ਦਾਤਿ ਦੇ ਕਾਰਨ) ਸਾਰੀ ਸ੍ਰਿਸ਼ਟੀ (ਗੁਰੂ ਦੀ) ਸੋਭਾ ਕਰਦੀ ਹੈ।
27010	621	ਨਾਨਕ ਪ੍ਰਭੁ ਮੇਰੈ ਸਾਥੇ॥		Naanak Prabh Maerai Saathhae ||	O Nanak, God is always with me;	ਹੇ ਨਾਨਕ! (ਆਖ-ਗੁਰੂ ਦੀ ਕਿਰਪਾ ਨਾਲ ਹਰਿ-ਨਾਮ ਹਿਰਦੇ ਵਿਚ ਵਸਾਇਆਂ) ਪਰਮਾਤਮਾ ਮੇਰੇ ਅੰਗ-ਸੰਗ (ਵੱਸਦਾ ਪ੍ਰਤੀਤ ਹੋ ਰਿਹਾ ਹੈ)
27011	621	ਜਨਮ ਮਰਣ ਭੈ ਲਾਥੇ॥੪॥੨॥੫੨॥		Janam Maran Bhai Laathhae ||4||2||52||	My fears of birth and death are gone. ||4||2||52||	ਮੇਰੇ ਜਨਮ ਮਰਨ ਦੇ ਸਾਰੇ ਡਰ ਲਹਿ ਗਏ ਹਨ ॥੪॥੨॥੫੨॥
27012	621	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27013	621	ਗੁਰਿ ਪੂਰੈ ਕਿਰਪਾ ਧਾਰੀ॥		Gur Poorai Kirapaa Dhhaaree ||	The Perfect Guru has granted His Grace,	(ਹੇ ਸੰਤ ਜਨੋ! ਜਦੋਂ ਤੋਂ) ਪੂਰੇ ਗੁਰੂ ਨੇ ਮੇਹਰ ਕੀਤੀ ਹੈ,

27014	621	ਪ੍ਰਭਿ ਪੂਰੀ ਲੋਚ ਹਮਾਰੀ॥		Prabh Pooree Loch Hamaaree ||	And God has fulfilled my desire.	ਪ੍ਰਭੂ ਨੇ ਸਾਡੀ (ਨਾਮ ਸਿਮਰਨ ਦੀ) ਤਾਂਘ ਪੂਰੀ ਕਰ ਦਿੱਤੀ ਹੈ।
27015	621	ਕਰਿ ਇਸਨਾਨੁ ਗ੍ਰਿਹਿ ਆਏ॥		Kar Eisanaan Grihi Aaeae ||	After taking my bath of purification, I returned to my home,	(ਨਾਮ ਸਿਮਰਨ ਦੀ ਬਰਕਤਿ ਨਾਲ) ਆਤਮਕ ਇਸ਼ਨਾਨ ਕਰ ਕੇ ਅਸੀਂ ਅੰਤਰ-ਆਤਮੇ ਟਿਕੇ ਰਹਿੰਦੇ ਹਾਂ।
27016	621	ਅਨਦ ਮੰਗਲ ਸੁਖ ਪਾਏ॥੧॥		Anadh Mangal Sukh Paaeae ||1||	And I found bliss, happiness and peace. ||1||	ਆਤਮਕ ਆਨੰਦ ਆਤਮਕ ਖ਼ੁਸ਼ੀਆਂ ਆਤਮਕ ਸੁਖ ਮਾਣ ਰਹੇ ਹਾਂ ॥੧॥
27017	621	ਸੰਤਹੁ ਰਾਮ ਨਾਮਿ ਨਿਸਤਰੀਐ॥		Santhahu Raam Naam Nisathareeai ||	O Saints, salvation comes from the Lord's Name.	ਹੇ ਸੰਤ ਜਨੋ! ਪਰਮਾਤਮਾ ਦੇ ਨਾਮ ਵਿਚ (ਜੁੜਿਆਂ ਹੀ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕੀਦਾ ਹੈ।
27018	621	ਊਠਤ ਬੈਠਤ ਹਰਿ ਹਰਿ ਧਿਆਈਐ ਅਨ ਦਿਨੁ ਸੁਕ੍ਰਿਤੁ ਕਰੀਐ॥੧॥ਰਹਾਉ॥	ਸੁ-ਕ੍ਰਿਤੁ	Oothath Baithath Har Har Dhhiaaeeai Anadhin Sukirath Kareeai ||1|| Rehaao ||	While standing up and sitting down, meditate on the Lord's Name. Night and day, do good deeds. ||1||Pause||	(ਇਸ ਵਾਸਤੇ) ਉਠਦਿਆਂ ਬੈਠਦਿਆਂ ਹਰ ਵੇਲੇ ਹਰਿ-ਨਾਮ ਸਿਮਰਨਾ ਚਾਹੀਦਾ ਹੈ, (ਹਰਿ-ਨਾਮ ਸਿਮਰਨ ਦੀ ਇਹ) ਨੇਕ ਕਮਾਈ ਹਰ ਵੇਲੇ ਕਰਨੀ ਚਾਹੀਦੀ ਹੈ ॥੧॥ ਰਹਾਉ ॥

27019	622	ਸੰਤ ਕਾ ਮਾਰਗੁ ਧਰਮ ਕੀ ਪਉੜੀ ਕੋ ਵਡਭਾਗੀ ਪਾਏ॥		Santh Kaa Maarag Dhharam Kee Pourree Ko Vaddabhaagee Paaeae ||	The way of the Saints is the ladder of righteous living, found only by great good fortune.	(ਹੇ ਸੰਤ ਜਨੋ! ਸਿਮਰਨ ਕਰਨਾ ਹੀ ਇਨਸਾਨ ਵਾਸਤੇ) ਗੁਰੂ ਦਾ (ਦੱਸਿਆ ਹੋਇਆ ਸਹੀ) ਰਸਤਾ ਹੈ, (ਸਿਮਰਨ ਹੀ) ਧਰਮ ਦੀ ਪਉੜੀ ਹੈ (ਜਿਸ ਦੀ ਰਾਹੀਂ ਮਨੁੱਖ ਪ੍ਰਭੂ-ਚਰਨਾਂ ਵਿਚ ਪਹੁੰਚ ਸਕਦਾ ਹੈ, ਪਰ) ਕੋਈ ਵਿਰਲਾ ਭਾਗਾਂ ਵਾਲਾ (ਇਹ ਪਉੜੀ) ਲੱਭਦਾ ਹੈ।
27020	622	ਕੋਟਿ ਜਨਮ ਕੇ ਕਿਲਬਿਖ ਨਾਸੇ ਹਰਿ ਚਰਣੀ ਚਿਤੁ ਲਾਏ॥੨॥		Kott Janam Kae Kilabikh Naasae Har Charanee Chith Laaeae ||2||	The sins of millions of incarnations are washed away, by focusing your consciousness on the Lord's feet. ||2||	ਜੇਹੜਾ ਮਨੁੱਖ (ਸਿਮਰਨ ਦੀ ਰਾਹੀਂ) ਪਰਮਾਤਮਾ ਦੇ ਚਰਨਾਂ ਵਿਚ ਚਿੱਤ ਜੋੜਦਾ ਹੈ, ਉਸ ਦੇ ਕ੍ਰੋੜਾਂ ਜਨਮਾਂ ਦੇ ਪਾਪ ਨਾਸ ਹੋ ਜਾਂਦੇ ਹਨ ॥੨॥
27021	622	ਉਸਤਤਿ ਕਰਹੁ ਸਦਾ ਪ੍ਰਭ ਅਪਨੇ ਜਿਨਿ ਪੂਰੀ ਕਲ ਰਾਖੀ॥		Ousathath Karahu Sadhaa Prabh Apanae Jin Pooree Kal Raakhee ||	So sing the Praises of your God forever; His almighty power is perfect.	ਹੇ ਸੰਤ ਜਨੋ! ਜਿਸ ਪਰਮਾਤਮਾ ਨੇ (ਸਾਰੇ ਸੰਸਾਰ ਵਿਚ ਆਪਣੀ) ਪੂਰੀ ਸੱਤਿਆ ਟਿਕਾ ਰੱਖੀ ਹੈ, ਉਸ ਦੀ ਸਿਫ਼ਤ-ਸਾਲਾਹ ਸਦਾ ਕਰਦੇ ਰਿਹਾ ਕਰੋ।
27022	622	ਜੀਅ ਜੰਤ ਸਭਿ ਭਏ ਪਵਿਤ੍ਰਾ ਸਤਿਗੁਰ ਕੀ ਸਚੁ ਸਾਖੀ॥੩॥	ਪਵਿੱਤ੍ਰਾ	Jeea Janth Sabh Bheae Pavithraa Sathigur Kee Sach Saakhee ||3||	All beings and creatures are purified, listening to the True Teachings of the True Guru. ||3||	ਹੇ ਭਾਈ! ਉਹ ਸਾਰੇ ਹੀ ਪ੍ਰਾਣੀ ਸੁੱਚੇ ਜੀਵਨ ਵਾਲੇ ਬਣ ਜਾਂਦੇ ਹਨ, ਜੇਹੜੇ ਸਦਾ-ਥਿਰ ਹਰਿ-ਨਾਮ ਸਿਮਰਨ ਵਾਲੀ ਗੁਰੂ ਦੀ ਸਿੱਖਿਆ ਨੂੰ ਗ੍ਰਹਿਣ ਕਰਦੇ ਹਨ ॥੩॥

27023	622	ਬਿਘਨ ਬਿਨਾਸਨ ਸਭਿ ਦੁਖ ਨਾਸਨ ਸਤਿਗੁਰਿ ਨਾਮੁ ਦ੍ਰਿੜਾਇਆ॥		Bighan Binaasan Sabh Dhukh Naasan Sathigur Naam Dhrirraaeiaa ||	The True Guru has implanted the Naam, the Name of the Lord, within me; it is the Eliminator of obstructions, the Destroyer of all pains.	(ਜੀਵਨ ਦੇ ਰਸਤੇ ਵਿਚੋਂ ਸਾਰੀਆਂ) ਰੁਕਾਵਟਾਂ ਦੂਰ ਕਰਨ ਵਾਲਾ, ਸਾਰੇ ਦੁੱਖ ਨਾਸ ਕਰਨ ਵਾਲਾ ਹਰਿ-ਨਾਮ ਗੁਰੂ ਨੇ ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪੱਕਾ ਕਰ ਦਿੱਤਾ,
27024	622	ਖੋਏ ਪਾਪ ਭਏ ਸਭਿ ਪਾਵਨ ਜਨ ਨਾਨਕ ਸੁਖਿ ਘਰਿ ਆਇਆ॥੪॥੩॥੫੩॥		Khoeae Paap Bheae Sabh Paavan Jan Naanak Sukh Ghar Aaeiaa ||4||3||53||	All of my sins were erased, and I have been purified; servant Nanak has returned to his home of peace. ||4||3||53||	ਹੇ ਨਾਨਕ! (ਆਖ-) ਉਹਨਾਂ ਦੇ ਸਾਰੇ ਪਾਪ ਨਾਸ ਹੋ ਜਾਂਦੇ ਹਨ, ਉਹ ਸਾਰੇ ਪਵਿਤ੍ਰ ਜੀਵਨ ਵਾਲੇ ਬਣ ਜਾਂਦੇ ਹਨ, ਉਹ ਆਤਮਕ ਆਨੰਦ ਨਾਲ ਅੰਤਰ-ਆਤਮੇ ਟਿਕੇ ਰਹਿੰਦੇ ਹਨ ॥੪॥੩॥੫੩॥
27025	622	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27026	622	ਸਾਹਿਬੁ ਗੁਨੀ ਗਹੇਰਾ॥	(ਗਹੇਰਾ) ਗਹਿਰਾ	Saahib Gunee Gehaeraa ||	O Lord Master, You are the ocean of excellence.	ਤੂੰ ਸਭ ਦਾ ਮਾਲਕ ਹੈਂ, ਤੂੰ ਗੁਣਾਂ ਦਾ ਮਾਲਕ ਹੈਂ, ਤੂੰ ਡੂੰਘੇ ਜਿਗਰੇ ਵਾਲਾ ਹੈਂ।
27027	622	ਘਰੁ ਲਸਕਰੁ ਸਭੁ ਤੇਰਾ॥	ਗੁਣਾਂ ਦੀ (ਲਸਕਰੁ) ਫ਼ੌਜ	Ghar Lasakar Sabh Thaeraa ||	My home and all my possessions are Yours.	(ਜੀਵਾਂ ਨੂੰ) ਸਾਰਾ ਘਰ-ਘਾਟ ਤੇਰਾ ਹੀ ਦਿੱਤਾ ਹੋਇਆ ਹੈ।
27028	622	ਰਖਵਾਲੇ ਗੁਰ ਗੋਪਾਲਾ॥		Rakhavaalae Gur Gopaalaa ||	The Guru, the Lord of the world, is my Savior.	ਹੇ ਸਭ ਤੋਂ ਵੱਡੇ! ਹੇ ਸ੍ਰਿਸ਼ਟੀ ਦੇ ਪਾਲਣਹਾਰ! ਹੇ ਸਭ ਜੀਵਾਂ ਦੇ ਰਾਖੇ!

27029	622	ਸਭਿ ਜੀਅ ਭਏ ਦਇਆਲਾ॥੧॥		Sabh Jeea Bheae Dhaeiaalaa ||1||	All beings have become kind and compassionate to me. ||1||	ਤੂੰ ਸਾਰੇ ਜੀਵਾਂ ਉੱਤੇ ਦਇਆਵਾਨ ਰਹਿੰਦਾ ਹੈਂ ॥੧॥
27030	622	ਜਪਿ ਅਨਦਿ ਰਹਉ ਗੁਰ ਚਰਣਾ॥		Jap Anadh Reho Gur Charanaa ||	Meditating on the Guru's feet, I am in bliss.	ਹੇ ਭਾਈ! ਗੁਰੂ ਦੇ ਚਰਨਾਂ ਨੂੰ ਹਿਰਦੇ ਵਿਚ ਵਸਾ ਕੇ ਮੈਂ ਆਤਮਕ ਆਨੰਦ ਵਿਚ ਟਿਕਿਆ ਰਹਿੰਦਾ ਹਾਂ।
27031	622	ਭਉ ਕਤਹਿ ਨਹੀ ਪ੍ਰਭ ਸਰਣਾ॥ਰਹਾਉ॥		Bho Kathehi Nehee Prabh Saranaa || Rehaao ||	There is no fear at all, in God's Sanctuary. ||Pause||	ਹੇ ਭਾਈ! ਪ੍ਰਭੂ ਦੀ ਸ਼ਰਨ ਪਿਆਂ ਕਿਤੇ ਭੀ ਕੋਈ ਡਰ ਪੋਹ ਨਹੀਂ ਸਕਦਾ ਰਹਾਉ॥
27032	622	ਤੇਰਿਆ ਦਾਸਾ ਰਿਦੈ ਮੁਰਾਰੀ॥		Thaeriaa Dhaasaa Ridhai Muraaree ||	You dwell in the hearts of Your slaves, Lord.	ਹੇ ਪ੍ਰਭੂ! ਤੇਰੇ ਸੇਵਕਾਂ ਦੇ ਹਿਰਦੇ ਵਿਚ ਹੀ ਨਾਮ ਵੱਸਦਾ ਹੈ।
27033	622	ਪ੍ਰਭਿ ਅਬਿਚਲ ਨੀਵ ਉਸਾਰੀ॥		Prabh Abichal Neev Ousaaree ||	God has laid the eternal foundation.	ਹੇ ਪ੍ਰਭੂ! ਤੂੰ (ਆਪਣੇ ਦਾਸਾਂ ਦੇ ਹਿਰਦੇ ਵਿਚ ਭਗਤੀ ਦੀ) ਕਦੇ ਨਾਹ ਹਿੱਲਣ ਵਾਲੀ ਨੀਂਹ ਰੱਖ ਦਿੱਤੀ ਹੋਈ ਹੈ।
27034	622	ਬਲੁ ਧਨੁ ਤਕੀਆ ਤੇਰਾ॥	(ਤਕੀਆ) ਆਸਰਾ।ਤਕੀਆ:ਪੋਲਾ ਬੋਲੋ	Bal Dhhan Thakeeaa Thaeraa ||	You are my strength, wealth and support.	ਹੇ ਪ੍ਰਭੂ! ਤੂੰ ਹੀ ਮੇਰਾ ਬਲ ਹੈਂ, ਤੂੰ ਹੀ ਮੇਰਾ ਧਨ ਹੈ, ਤੇਰਾ ਹੀ ਮੈਨੂੰ ਆਸਰਾ ਹੈ।
27035	622	ਤੂ ਭਾਰੋ ਠਾਕੁਰੁ ਮੇਰਾ॥੨॥		Thoo Bhaaro Thaakur Maeraa ||2||	You are my Almighty Lord and Master. ||2||	ਤੂੰ ਮੇਰਾ ਸਭ ਤੋਂ ਵੱਡਾ ਮਾਲਕ ਹੈਂ ॥੨॥

27036	622	ਜਿਨਿ ਜਿਨਿ ਸਾਧਸੰਗੁ ਪਾਇਆ॥		Jin Jin Saadhhasang Paaeiaa ||	Whoever finds the Saadh Sangat, the Company of the Holy,	ਹੇ ਭਾਈ! ਜਿਸ ਜਿਸ ਮਨੁੱਖ ਨੇ ਗੁਰੂ ਦੀ ਸੰਗਤਿ ਪ੍ਰਾਪਤ ਕੀਤੀ ਹੈ,
27037	622	ਸੋ ਪ੍ਰਭਿ ਆਪਿ ਤਰਾਇਆ॥		So Prabh Aap Tharaaeiaa ||	Is saved by God Himself.	ਉਸ ਉਸ ਨੂੰ ਪ੍ਰਭੂ ਨੇ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ ਹੈ।
27038	622	ਕਰਿ ਕਿਰਪਾ ਨਾਮ ਰਸੁ ਦੀਆ॥		Kar Kirapaa Naam Ras Dheeaa ||	By His Grace, He has blessed me with the sublime essence of the Naam.	ਜਿਸ ਮਨੁੱਖ ਨੂੰ ਪ੍ਰਭੂ ਨੇ ਮੇਹਰ ਕਰ ਕੇ ਆਪਣੇ ਨਾਮ ਦਾ ਸੁਆਦ ਬਖ਼ਸ਼ਿਆ ਹੈ,
27039	622	ਕੁਸਲ ਖੇਮ ਸਭ ਥੀਆ॥੩॥	(ਕੁਸਲ) ਸੁਖ ਅਨੰਦ। (ਖੇਮ) ਖਲਾਸੀ, ਮੁਕਤ	Kusal Khaem Sabh Thheeaa ||3||	All joy and pleasure then came to me. ||3||	ਉਸ ਦੇ ਅੰਦਰ ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ ॥੩॥
27040	622	ਹੋਏ ਪ੍ਰਭੂ ਸਹਾਈ॥		Hoeae Prabhoo Sehaaee ||	God became my helper and my best friend;	ਹੇ ਭਾਈ! ਪਰਮਾਤਮਾ ਜਿਸ ਮਨੁੱਖ ਦਾ ਮਦਦਗਾਰ ਬਣਦਾ ਹੈ,
27041	622	ਸਭ ਉਠਿ ਲਾਗੀ ਪਾਈ॥		Sabh Outh Laagee Paaee ||	Everyone rises up and bows down at my feet.	ਸਾਰੀ ਲੁਕਾਈ ਉਸ ਦੇ ਪੈਰੀਂ ਉੱਠ ਕੇ ਆ ਲੱਗਦੀ ਹੈ।
27042	622	ਸਾਸਿ ਸਾਸਿ ਪ੍ਰਭੁ ਧਿਆਈਐ॥		Saas Saas Prabh Dhhiaaeeai ||	With each and every breath, meditate on God;	ਹਰੇਕ ਸਾਹ ਦੇ ਨਾਲ ਪਰਮਾਤਮਾ ਦਾ ਧਿਆਨ ਧਰਨਾ ਚਾਹੀਦਾ ਹੈ।
27043	622	ਹਰਿ ਮੰਗਲੁ ਨਾਨਕ ਗਾਈਐ॥੪॥੪॥੫੪॥		Har Mangal Naanak Gaaeeai ||4||4||54||	O Nanak, sing the songs of joy to the Lord. ||4||4||54||	ਹੇ ਨਾਨਕ! ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦੇ ਰਹਿਣਾ ਚਾਹੀਦਾ ਹੈ ॥੪॥੪॥੫੪॥

27044	622	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27045	622	ਸੂਖ ਸਹਜ ਆਨੰਦਾ॥		Sookh Sehaj Aanandhaa ||	Celestial peace and bliss have come,	(ਹੇ ਭਾਈ!) ਮੇਰੇ ਅੰਦਰ ਆਤਮਕ ਅਡੋਲਤਾ ਦੇ ਸੁਖ ਆਨੰਦ ਬਣੇ ਰਹਿੰਦੇ ਹਨ।
27046	622	ਪ੍ਰਭੁ ਮਿਲਿਓ ਮਨਿ ਭਾਵੰਦਾ॥		Prabh Miliou Man Bhaavandhaa ||	Meeting God, who is so pleasing to my mind.	(ਮੈਨੂੰ) ਮਨ ਵਿਚ ਪਿਆਰਾ ਲੱਗਣ ਵਾਲਾ ਪਰਮਾਤਮਾ ਮਿਲ ਪਿਆ ਹੈ।
27047	622	ਪੂਰੈ ਗੁਰਿ ਕਿਰਪਾ ਧਾਰੀ॥		Poorai Gur Kirapaa Dhhaaree ||	The Perfect Guru showered me with His Mercy,	(ਜਦੋਂ ਤੋਂ) ਪੂਰੇ ਗੁਰੂ ਨੇ (ਮੇਰੇ ਉੱਤੇ) ਮੇਹਰ ਕੀਤੀ ਹੈ,
27048	622	ਤਾ ਗਤਿ ਭਈ ਹਮਾਰੀ॥੧॥		Thaa Gath Bhee Hamaaree ||1||	And I attained salvation. ||1||	ਤਦੋਂ ਦੀ ਮੇਰੀ ਉੱਚੀ ਆਤਮਕ ਅਵਸਥਾ ਬਣ ਗਈ ਹੈ ॥੧॥
27049	622	ਹਰਿ ਕੀ ਪ੍ਰੇਮ ਭਗਤਿ ਮਨੁ ਲੀਨਾ॥		Har Kee Praem Bhagath Man Leenaa ||	My mind is absorbed in loving devotional worship of the Lord,	ਹੇ ਭਾਈ! ਜਿਸ ਮਨੁੱਖ ਦਾ ਮਨ ਪਰਮਾਤਮਾ ਦੀ ਪਿਆਰ-ਭਰੀ ਭਗਤੀ ਵਿਚ ਟਿਕਿਆ ਰਹਿੰਦਾ ਹੈ,
27050	622	ਨਿਤ ਬਾਜੇ ਅਨਹਤ ਬੀਨਾ॥ਰਹਾਉ॥		Nith Baajae Anehath Beenaa || Rehaao ||	And the unstruck melody of the celestial sound current ever resounds within me. ||Pause||	ਉਸ ਦੇ ਅੰਦਰ ਸਦਾ ਇਕ-ਰਸ (ਆਤਮਕ ਆਨੰਦ ਦੀ, ਮਾਨੋ,) ਬੀਣਾ ਵੱਜਦੀ ਰਹਿੰਦੀ ਹੈ ਰਹਾਉ॥
27051	622	ਹਰਿ ਚਰਣ ਕੀ ਓਟ ਸਤਾਣੀ॥	(ਸਤਾਣੀ) ਤਾਣ ਬਲ ਵਾਲੀ	Har Charan Kee Outt Sathaanee ||	The Lord's feet are my all-powerful shelter and support;	ਹੇ ਭਾਈ! ਜਿਸ ਮਨੁੱਖ ਨੇ ਪ੍ਰਭੂ-ਚਰਨਾਂ ਦਾ ਬਲਵਾਨ ਆਸਰਾ ਲੈ ਲਿਆ,

27052	622	ਸਭ ਚੂਕੀ ਕਾਣਿ ਲੋਕਾਣੀ॥		Sabh Chookee Kaan Lokaanee ||	My dependence on other people is totally finished.	ਦੁਨੀਆ ਦੇ ਲੋਕਾਂ ਵਾਲੀ ਉਸ ਦੀ ਸਾਰੀ ਮੁਥਾਜੀ ਮੁੱਕ ਗਈ।
27053	622	ਜਗਜੀਵਨੁ ਦਾਤਾ ਪਾਇਆ॥	ਜੱਗਜੀਵਨੁ	Jagajeevan Dhaathaa Paaeiaa ||	I have found the Life of the world, the Great Giver;	ਉਸ ਨੂੰ ਜਗਤ ਦਾ ਸਹਾਰਾ ਦਾਤਾਰ ਪ੍ਰਭੂ ਮਿਲ ਪੈਂਦਾ ਹੈ।
27054	622	ਹਰਿ ਰਸਕਿ ਰਸਕਿ ਗੁਣ ਗਾਇਆ॥੨॥		Har Rasak Rasak Gun Gaaeiaa ||2||	In joyful rapture, I sing the Glorious Praises of the Lord. ||2||	ਉਹ ਸਦਾ ਬੜੇ ਪ੍ਰੇਮ ਨਾਲ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ ॥੨॥
27055	622	ਪ੍ਰਭ ਕਾਟਿਆ ਜਮ ਕਾ ਫਾਸਾ॥		Prabh Kaattiaa Jam Kaa Faasaa ||	God has cut away the noose of death.	ਹੇ ਭਾਈ! ਮੇਰੀ ਭੀ ਪ੍ਰਭੂ ਨੇ ਜਮ ਦੀ ਫਾਹੀ ਕੱਟ ਦਿੱਤੀ ਹੈ,
27056	622	ਮਨ ਪੂਰਨ ਹੋਈ ਆਸਾ॥		Man Pooran Hoee Aasaa ||	My mind's desires have been fulfilled;	ਮੇਰੇ ਮਨ ਦੀ (ਇਹ ਚਿਰਾਂ ਦੀ) ਆਸ ਪੂਰੀ ਹੋ ਗਈ ਹੈ।
27057	622	ਜਹ ਪੇਖਾ ਤਹ ਸੋਈ॥		Jeh Paekhaa Theh Soee ||	Wherever I look, He is there.	ਹੁਣ ਮੈਂ ਜਿਧਰ ਵੇਖਦਾ ਹਾਂ, ਉੱਧਰ ਮੈਨੂੰ ਇੱਕ ਪਰਮਾਤਮਾ ਹੀ ਦਿਖਾਈ ਦਿੰਦਾ ਹੈ।
27058	622	ਹਰਿ ਪ੍ਰਭ ਬਿਨੁ ਅਵਰੁ ਨ ਕੋਈ॥੩॥		Har Prabh Bin Avar N Koee ||3||	Without the Lord God, there is no other at all. ||3||	ਉਸ ਪਰਮਾਤਮਾ ਤੋਂ ਬਿਨਾ ਕੋਈ ਹੋਰ ਦਿਖਾਈ ਨਹੀਂ ਦੇਂਦਾ ॥੩॥
27059	622	ਕਰਿ ਕਿਰਪਾ ਪ੍ਰਭਿ ਰਾਖੇ॥		Kar Kirapaa Prabh Raakhae ||	In His Mercy, God has protected and preserved me.	ਪ੍ਰਭੂ ਨੇ ਕਿਰਪਾ ਕਰ ਕੇ ਜਿਨ੍ਹਾਂ ਦੀ ਰੱਖਿਆ ਕੀਤੀ,

27060	622	ਸਭਿ ਜਨਮ ਜਨਮ ਦੁਖ ਲਾਥੇ॥		Sabh Janam Janam Dhukh Laathhae ||	I am rid of all the pains of countless incarnations.	ਉਹਨਾਂ ਦੇ ਅਨੇਕਾਂ ਜਨਮਾਂ ਦੇ ਸਾਰੇ ਦੁੱਖ ਦੂਰ ਹੋ ਗਏ।
27061	622	ਨਿਰਭਉ ਨਾਮੁ ਧਿਆਇਆ॥		Nirabho Naam Dhhiaaeiaa ||	I have meditated on the Naam, the Name of the Fearless Lord;	ਜਿਨ੍ਹਾਂ ਨੇ ਨਿਰਭਉ ਪ੍ਰਭੂ ਦਾ ਨਾਮ ਸਿਮਰਿਆ,
27062	622	ਅਟਲ ਸੁਖੁ ਨਾਨਕ ਪਾਇਆ॥੪॥੫॥੫੫॥	ਅ-ਟਲ	Attal Sukh Naanak Paaeiaa ||4||5||55||	O Nanak, I have found eternal peace. ||4||5||55||	ਹੇ ਨਾਨਕ! ਉਹਨਾਂ ਨੇ ਉਹ ਆਤਮਕ ਆਨੰਦ ਪ੍ਰਾਪਤ ਕਰ ਲਿਆ ਜੋ ਕਦੇ ਦੂਰ ਨਹੀਂ ਹੁੰਦਾ ॥੪॥੫॥੫੫॥
27063	622	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27064	622	ਠਾਢਿ ਪਾਈ ਕਰਤਾਰੇ॥		Thaadt Paaee Karathaarae ||	The Creator has brought utter peace to my home;	ਹੇ ਭਾਈ! ਜਿਸ ਮਨੁੱਖ ਦੇ ਅੰਦਰ ਕਰਤਾਰ ਨੇ ਠੰਡ ਵਰਤਾ ਦਿੱਤੀ,
27065	622	ਤਾਪੁ ਛੋਡਿ ਗਇਆ ਪਰਵਾਰੇ॥		Thaap Shhodd Gaeiaa Paravaarae ||	The fever has left my family.	ਉਸ ਦੇ ਪਰਵਾਰ ਨੂੰ (ਉਸ ਦੇ ਗਿਆਨ-ਇੰਦ੍ਰਿਆਂ ਨੂੰ ਵਿਕਾਰਾਂ ਦਾ) ਤਾਪ ਛੱਡ ਜਾਂਦਾ ਹੈ।
27066	622	ਗੁਰਿ ਪੂਰੈ ਹੈ ਰਾਖੀ॥		Gur Poorai Hai Raakhee ||	The Perfect Guru has saved us.	ਹੇ ਭਾਈ! ਪੂਰੇ ਗੁਰੂ ਨੇ ਜਿਸ ਮਨੁੱਖ ਦੀ ਮਦਦ ਕੀਤੀ,
27067	622	ਸਰਣਿ ਸਚੇ ਕੀ ਤਾਕੀ॥੧॥	ਤਾੱਕੀ ਤੱਕੀ	Saran Sachae Kee Thaakee ||1||	I sought the Sanctuary of the True Lord. ||1||	ਉਸ ਨੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਆਸਰਾ ਤੱਕ ਲਿਆ ॥੧॥
27068	622	ਪਰਮੇਸਰੁ ਆਪਿ ਹੋਆ ਰਖਵਾਲਾ॥		Paramaesar Aap Hoaa Rakhavaalaa ||	The Transcendent Lord Himself has become my Protector.	ਹੇ ਭਾਈ! ਜਿਸ ਮਨੁੱਖ ਦਾ ਰਾਖਾ ਪਰਮਾਤਮਾ ਆਪ ਬਣ ਜਾਂਦਾ ਹੈ,

27069	622	ਸਾਂਤਿ ਸਹਜ ਸੁਖ ਖਿਨ ਮਹਿ ਉਪਜੇ ਮਨੁ ਹੋਆ ਸਦਾ ਸੁਖਾਲਾ॥ਰਹਾਉ॥		Saanth Sehaj Sukh Khin Mehi Oupajae Man Hoaa Sadhaa Sukhaalaa || Rehaao ||	Tranquility, intuitive peace and poise welled up in an instant, and my mind was comforted forever. ||Pause||	ਉਸ ਦਾ ਮਨ ਸਦਾ ਵਾਸਤੇ ਸੁਖੀ ਹੋ ਜਾਂਦਾ ਹੈ (ਕਿਉਂਕਿ ਉਸ ਦੇ ਅੰਦਰ) ਇਕ ਛਿਨ ਵਿਚ ਆਤਮਕ ਅਡੋਲਤਾ ਦੇ ਸੁਖ ਤੇ ਸ਼ਾਂਤੀ ਪੈਦਾ ਹੋ ਜਾਂਦੇ ਹਨ ਰਹਾਉ॥
27070	622	ਹਰਿ ਹਰਿ ਨਾਮੁ ਦੀਓ ਦਾਰੂ॥		Har Har Naam Dheeou Dhaaroo ||	The Lord, Har, Har, gave me the medicine of His Name,	ਹੇ ਭਾਈ! (ਵਿਕਾਰ-ਰੋਗਾਂ ਦਾ ਇਲਾਜ ਕਰਨ ਵਾਸਤੇ ਗੁਰੂ ਨੇ ਜਿਸ ਮਨੁੱਖ ਨੂੰ) ਪਰਮਾਤਮਾ ਦਾ ਨਾਮ-ਦਵਾਈ ਦਿੱਤੀ,
27071	622	ਤਿਨਿ ਸਗਲਾ ਰੋਗੁ ਬਿਦਾਰੂ॥		Thin Sagalaa Rog Bidhaaroo ||	Which has cured all disease.	ਉਸ (ਨਾਮ-ਦਾਰੂ) ਨੇ ਉਸ ਮਨੁੱਖ ਦਾ ਸਾਰਾ ਹੀ (ਵਿਕਾਰ-) ਰੋਗ ਕੱਟ ਦਿੱਤਾ।
27072	622	ਅਪਣੀ ਕਿਰਪਾ ਧਾਰੀ॥		Apanee Kirapaa Dhhaaree ||	He extended His Mercy to me,	ਜਦੋਂ ਪ੍ਰਭੂ ਨੇ ਉਸ ਮਨੁੱਖ ਉਤੇ ਆਪਣੀ ਮੇਹਰ ਕੀਤੀ,
27073	622	ਤਿਨਿ ਸਗਲੀ ਬਾਤ ਸਵਾਰੀ॥੨॥		Thin Sagalee Baath Savaaree ||2||	And resolved all these affairs. ||2||	ਤਾਂ ਉਸ ਨੇ ਆਪਣੀ ਸਾਰੀ ਜੀਵਨ-ਕਹਾਣੀ ਹੀ ਸੋਹਣੀ ਬਣਾ ਲਈ (ਆਪਣਾ ਸਾਰਾ ਜੀਵਨ ਸੰਵਾਰ ਲਿਆ) ॥੨॥
27074	622	ਪ੍ਰਭਿ ਅਪਨਾ ਬਿਰਦੁ ਸਮਾਰਿਆ॥		Prabh Apanaa Biradh Samaariaa ||	God confirmed His loving nature;	ਹੇ ਭਾਈ! ਪ੍ਰਭੂ ਨੇ (ਸਦਾ ਹੀ) ਆਪਣੇ ਮੁੱਢ-ਕਦੀਮਾਂ ਦੇ (ਪਿਆਰ ਵਾਲੇ) ਸੁਭਾਵ ਨੂੰ ਚੇਤੇ ਰੱਖਿਆ ਹੈ।

27075	622	ਹਮਰਾ ਗੁਣੁ ਅਵਗੁਣੁ ਨ ਬੀਚਾਰਿਆ॥		Hamaraa Gun Avagun N Beechaariaa ||	He did not take my merits or demerits into account.	ਉਹ ਸਾਡਾ ਜੀਵਾਂ ਦਾ ਕੋਈ ਗੁਣ ਜਾਂ ਔਗੁਣ ਦਿਲ ਤੇ ਲਾ ਨਹੀਂ ਰੱਖਦਾ।
27076	622	ਗੁਰ ਕਾ ਸਬਦੁ ਭਇਓ ਸਾਖੀ॥	(ਸਾਖੀ) ਪ੍ਰਤੱਖ	Gur Kaa Sabadh Bhaeiou Saakhee ||	The Word of the Guru's Shabad has become manifest,	(ਪ੍ਰਭੂ ਦੀ ਕਿਰਪਾ ਨਾਲ ਜਿਸ ਮਨੁੱਖ ਦੇ ਅੰਦਰ) ਗੁਰੂ ਦੇ ਸ਼ਬਦ ਨੇ ਆਪਣਾ ਪ੍ਰਭਾਵ ਪਾਇਆ,
27077	623	ਤਿਨਿ ਸਗਲੀ ਲਾਜ ਰਾਖੀ॥੩॥		Thin Sagalee Laaj Raakhee ||3||	And through it, my honor was totally preserved. ||3||	ਸ਼ਬਦ ਨੇ ਉਸ ਦੀ ਸਾਰੀ ਇੱਜ਼ਤ ਰੱਖ ਲਈ (ਉਸ ਨੂੰ ਵਿਕਾਰਾਂ ਦੇ ਢਹੇ ਚੜ੍ਹਨ ਤੋਂ ਬਚਾ ਲਿਆ) ॥੩॥
27078	623	ਬੋਲਾਇਆ ਬੋਲੀ ਤੇਰਾ॥		Bolaaeiaa Bolee Thaeraa ||	I speak as You cause me to speak;	ਹੇ ਪ੍ਰਭੂ! ਜਦੋਂ ਤੂੰ ਪ੍ਰੇਰਨਾ ਦੇਂਦਾ ਹੈਂ ਤਦੋਂ ਹੀ ਮੈਂ ਤੇਰੀ ਸਿਫ਼ਤ-ਸਾਲਾਹ ਕਰ ਸਕਦਾ ਹਾਂ।
27079	623	ਤੂ ਸਾਹਿਬੁ ਗੁਣੀ ਗਹੇਰਾ॥		Thoo Saahib Gunee Gehaeraa ||	O Lord and Master, You are the ocean of excellence.	ਤੂੰ ਸਾਡਾ ਮਾਲਕ ਹੈਂ, ਤੂੰ ਗੁਣਾਂ ਦਾ ਖ਼ਜ਼ਾਨਾ ਹੈਂ, ਤੂੰ ਡੂੰਘੇ ਜਿਗਰੇ ਵਾਲਾ ਹੈਂ।
27080	623	ਜਪਿ ਨਾਨਕ ਨਾਮੁ ਸਚੁ ਸਾਖੀ॥		Jap Naanak Naam Sach Saakhee ||	Nanak chants the Naam, the Name of the Lord, according to the Teachings of Truth.	ਹੇ ਨਾਨਕ! ਸਦਾ-ਥਿਰ ਪ੍ਰਭੂ ਦਾ ਨਾਮ ਜਪਿਆ ਕਰ, ਇਹੀ ਸਦਾ ਹਾਮੀ ਭਰਨ ਵਾਲਾ ਹੈ।
27081	623	ਅਪੁਨੇ ਦਾਸ ਕੀ ਪੈਜ ਰਾਖੀ॥੪॥੬॥੫੬॥		Apunae Dhaas Kee Paij Raakhee ||4||6||56||	God preserves the honor of His slaves. ||4||6||56||	ਪ੍ਰਭੂ ਆਪਣੇ ਸੇਵਕ ਦੀ (ਸਦਾ) ਇੱਜ਼ਤ ਰੱਖਦਾ ਆਇਆ ਹੈ ॥੪॥੬॥੫੬॥

27082	623	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27083	623	ਵਿਚਿ ਕਰਤਾ ਪੁਰਖੁ ਖਲੋਆ॥		Vich Karathaa Purakh Khaloaa ||	The Creator Lord Himself stood between us,	ਸਰਬ-ਵਿਆਪਕ ਕਰਤਾਰ ਆਪ ਉਸ ਦੀ ਸਹੈਤਾ ਕਰਦਾ ਹੈ,
27084	623	ਵਾਲੁ ਨ ਵਿੰਗਾ ਹੋਆ॥		Vaal N Vingaa Hoaa ||	And not a hair upon my head was touched.	(ਉਸ ਦੀ ਆਤਮਕ ਰਾਸਿ-ਪੂੰਜੀ ਦਾ) ਰਤਾ ਭਰ ਭੀ ਨੁਕਸਾਨ ਨਹੀਂ ਹੁੰਦਾ।
27085	623	ਮਜਨੁ ਗੁਰ ਆਂਦਾ ਰਾਸੇ॥	ਮੱਜਨੁ	Majan Gur Aandhaa Raasae ||	The Guru made my cleansing bath successful;	(ਹੇ ਭਾਈ! ਸਾਧ ਸੰਗਤਿ ਵਿਚ ਜਿਸ ਮਨੁੱਖ ਦਾ) ਆਤਮਕ ਇਸ਼ਨਾਨ ਗੁਰੂ ਨੇ ਸਫਲ ਕਰ ਦਿੱਤਾ,
27086	623	ਜਪਿ ਹਰਿ ਹਰਿ ਕਿਲਵਿਖ ਨਾਸੇ॥੧॥		Jap Har Har Kilavikh Naasae ||1||	Meditating on the Lord, Har, Har, my sins were erased. ||1||	ਉਹ ਮਨੁੱਖ ਸਦਾ ਪਰਮਾਤਮਾ ਦਾ ਨਾਮ ਜਪ ਜਪ ਕੇ (ਆਪਣੇ ਸਾਰੇ) ਪਾਪ ਨਾਸ ਕਰ ਲੈਂਦਾ ਹੈ ॥੧॥
27087	623	ਸੰਤਹੁ ਰਾਮਦਾਸ ਸਰੋਵਰੁ ਨੀਕਾ॥		Santhahu Raamadhaas Sarovar Neekaa ||	O Saints, the purifying pool of Ram Das is sublime.	ਹੇ ਸੰਤ ਜਨੋ! ਸਾਧ ਸੰਗਤਿ (ਇਕ) ਸੁੰਦਰ (ਅਸਥਾਨ) ਹੈ।
27088	623	ਜੋ ਨਾਵੈ ਸੋ ਕੁਲੁ ਤਰਾਵੈ ਉਧਾਰੁ ਹੋਆ ਹੈ ਜੀ ਕਾ॥੧॥ਰਹਾਉ॥	ਨ੍ਹਾਵੈ	Jo Naavai So Kul Tharaavai Oudhhaar Hoaa Hai Jee Kaa ||1|| Rehaao ||	Whoever bathes in it, his family and ancestry are saved, and his soul is saved as well. ||1||Pause||	ਜੇਹੜਾ ਮਨੁੱਖ (ਸਾਧ ਸੰਗਤਿ ਵਿਚ) ਆਤਮਕ ਇਸ਼ਨਾਨ ਕਰਦਾ ਹੈ (ਮਨ ਨੂੰ ਨਾਮ-ਜਲ ਨਾਲ ਪਵਿਤ੍ਰ ਕਰਦਾ ਹੈ), ਉਸ ਦੀ ਜਿੰਦ ਦਾ (ਵਿਕਾਰਾਂ ਤੋਂ) ਪਾਰ-ਉਤਾਰਾ ਹੋ ਜਾਂਦਾ ਹੈ, ਉਹ ਆਪਣੀ ਸਾਰੀ ਕੁਲ ਨੂੰ ਭੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੧॥ ਰਹਾਉ ॥

27089	623	ਜੈ ਜੈਕਾਰੁ ਜਗੁ ਗਾਵੈ॥		Jai Jai Kaar Jag Gaavai ||	The world sings cheers of victory,	ਹੇ ਭਾਈ! ਸਾਰਾ ਜਗਤ ਉਸ ਦੀ ਸੋਭਾ ਦਾ ਗੀਤ ਗਾਂਦਾ ਹੈ,
27090	623	ਮਨ ਚਿੰਦਿਅੜੇ ਫਲ ਪਾਵੈ॥		Man Chindhiarrae Fal Paavai ||	And the fruits of his mind's desires are obtained.	ਉਹ ਮਨੁੱਖ ਮਨ-ਚਿਤਵੇ ਫਲ ਹਾਸਲ ਕਰ ਲੈਂਦਾ ਹੈ।
27091	623	ਸਹੀ ਸਲਾਮਤਿ ਨਾਇ ਆਏ॥	ਨ੍ਹਾਇ	Sehee Salaamath Naae Aaeae ||	Whoever comes and bathes here,	(ਉਹ ਮਨੁੱਖ ਇਸ ਸਤਸੰਗ-ਸਰੋਵਰ ਵਿਚ ਆਤਮਕ) ਇਸ਼ਨਾਨ ਕਰ ਕੇ ਆਪਣੀ ਆਤਮਕ ਜੀਵਨ ਦੀ ਰਾਸਿ-ਪੂੰਜੀ ਨੂੰ ਪੂਰਨ ਤੌਰ ਤੇ ਬਚਾ ਲੈਂਦਾ ਹੈ,
27092	623	ਅਪਣਾ ਪ੍ਰਭੂ ਧਿਆਏ॥੨॥		Apanaa Prabhoo Dhhiaaeae ||2||	And meditates on his God, is safe and sound. ||2||	(ਜੇਹੜਾ ਮਨੁੱਖ ਰਾਮ ਦੇ ਦਾਸਾਂ ਦੇ ਸਰੋਵਰ ਵਿਚ ਟਿਕ ਕੇ) ਆਪਣੇ ਪਰਮਾਤਮਾ ਦਾ ਆਰਾਧਨ ਕਰਦਾ ਹੈ ॥੨॥
27093	623	ਸੰਤ ਸਰੋਵਰ ਨਾਵੈ॥	ਨ੍ਹਾਵੈ	Santh Sarovar Naavai ||	One who bathes in the healing pool of the Saints,	ਹੇ ਭਾਈ! ਜੇਹੜਾ ਮਨੁੱਖ ਸੰਤਾਂ ਦੇ ਸਰੋਵਰ ਵਿਚ (ਸਾਧ ਸੰਗਤਿ ਵਿਚ) ਆਤਮਕ ਇਸ਼ਨਾਨ ਕਰਦਾ ਹੈ,
27094	623	ਸੋ ਜਨੁ ਪਰਮਗਤਿ ਪਾਵੈ॥		So Jan Param Gath Paavai ||	That humble being obtains the supreme status.	ਉਹ ਮਨੁੱਖ ਸਭ ਤੋਂ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ।
27095	623	ਮਰੈ ਨ ਆਵੈ ਜਾਈ॥		Marai N Aavai Jaaee ||	He does not die, or come and go in reincarnation;	ਉਹ ਮਨੁੱਖ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ,
27096	623	ਹਰਿ ਹਰਿ ਨਾਮੁ ਧਿਆਈ॥੩॥		Har Har Naam Dhhiaaee ||3||	He meditates on the Name of the Lord, Har, Har. ||3||	ਜੇਹੜਾ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ ॥੩॥

27097	623	ਇਹੁ ਬ੍ਰਹਮ ਬਿਚਾਰੁ ਸੁ ਜਾਨੈ॥		Eihu Breham Bichaar S Jaanai ||	He alone knows this about God,	ਹੇ ਭਾਈ! ਪਰਮਾਤਮਾ ਨਾਲ ਮਿਲਾਪ ਦੀ ਇਸ ਵਿਚਾਰ ਨੂੰ ਉਹ ਮਨੁੱਖ ਸਮਝਦਾ ਹੈ,
27098	623	ਜਿਸੁ ਦਇਆਲੁ ਹੋਇ ਭਗਵਾਨੈ॥		Jis Dhaeiaal Hoe Bhagavaanai ||	Whom God blesses with His kindness.	ਜਿਸ ਉੱਤੇ ਪਰਮਾਤਮਾ ਆਪ ਦਇਆਵਾਨ ਹੁੰਦਾ ਹੈ।
27099	623	ਬਾਬਾ ਨਾਨਕ ਪ੍ਰਭ ਸਰਣਾਈ॥		Baabaa Naanak Prabh Saranaaee ||	Baba Nanak seeks the Sanctuary of God;	ਹੇ ਨਾਨਕ! (ਆਖ-) ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦੀ ਸ਼ਰਨ ਪਿਆ ਰਹਿੰਦਾ ਹੈ,
27100	623	ਸਭ ਚਿੰਤਾ ਗਣਤ ਮਿਟਾਈ॥੪॥੭॥੫੭॥		Sabh Chinthaa Ganath Mittaaee ||4||7||57||	All his worries and anxieties are dispelled. ||4||7||57||	ਉਹ ਆਪਣਾ ਹਰੇਕ ਕਿਸਮ ਦਾ ਚਿੰਤਾ-ਫ਼ਿਕਰ ਦੂਰ ਕਰ ਲੈਂਦਾ ਹੈ ॥੪॥੭॥੫੭॥
27101	623	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27102	623	ਪਾਰਬ੍ਰਹਮਿ ਨਿਬਾਹੀ ਪੂਰੀ॥		Paarabreham Nibaahee Pooree ||	The Supreme Lord God has stood by me and fulfilled me,	(ਹੇ ਭਾਈ! ਸਦਾ ਤੋਂ ਹੀ) ਪਰਮਾਤਮਾ ਨੇ ਆਪਣੇ ਸੇਵਕ ਨਾਲ ਪ੍ਰੀਤਿ ਤੋੜ ਤਕ ਨਿਬਾਹੀ ਹੈ।
27103	623	ਕਾਈ ਬਾਤ ਨ ਰਹੀਆ ਊਰੀ॥		Kaaee Baath N Reheeaa Ooree ||	And nothing is left unfinished.	ਸੇਵਕ ਨੂੰ ਕਿਸੇ ਗੱਲੇ ਕੋਈ ਕਮੀ ਨਹੀਂ ਰਹਿੰਦੀ।
27104	623	ਗੁਰਿ ਚਰਨ ਲਾਇ ਨਿਸਤਾਰੇ॥		Gur Charan Laae Nisathaarae ||	Attached to the Guru's feet, I am saved;	ਸੇਵਕ ਸਦਾ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਸੰਭਾਲ ਰੱਖਦਾ ਹੈ।
27105	623	ਹਰਿ ਹਰਿ ਨਾਮੁ ਸਮ੍ਹਾਰੇ॥੧॥		Har Har Naam Samhaarae ||1||	I contemplate and cherish the Name of the Lord, Har, Har. ||1||	ਗੁਰੂ ਨੇ (ਸੇਵਕਾਂ ਨੂੰ ਸਦਾ ਹੀ) ਚਰਨੀਂ ਲਾ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਇਆ ਹੈ ॥੧॥

27106	623	ਅਪਨੇ ਦਾਸ ਕਾ ਸਦਾ ਰਖਵਾਲਾ॥		Apanae Dhaas Kaa Sadhaa Rakhavaalaa ||	He is forever the Savior of His slaves.	ਹੇ ਭਾਈ! ਪਰਮਾਤਮਾ ਆਪਣੇ ਸੇਵਕ ਦਾ ਸਦਾ ਰਾਖਾ ਬਣਿਆ ਰਹਿੰਦਾ ਹੈ।
27107	623	ਕਰਿ ਕਿਰਪਾ ਅਪੁਨੇ ਕਰਿ ਰਾਖੇ ਮਾਤ ਪਿਤਾ ਜਿਉ ਪਾਲਾ॥੧॥ਰਹਾਉ॥		Kar Kirapaa Apunae Kar Raakhae Maath Pithaa Jio Paalaa ||1|| Rehaao ||	Bestowing His Mercy, He made me His own and preserved me; like a mother or father, He cherishes me. ||1||Pause||	ਜਿਵੇਂ ਮਾਪੇ (ਬੱਚਿਆਂ ਨੂੰ) ਪਾਲਦੇ ਹਨ, ਤਿਵੇਂ ਪ੍ਰਭੂ ਕਿਰਪਾ ਕਰ ਕੇ ਆਪਣੇ ਸੇਵਕਾਂ ਨੂੰ ਆਪਣੇ ਬਣਾਈ ਰੱਖਦਾ ਹੈ ॥੧॥ ਰਹਾਉ ॥
27108	623	ਵਡਭਾਗੀ ਸਤਿਗੁਰੁ ਪਾਇਆ॥		Vaddabhaagee Sathigur Paaeiaa ||	By great good fortune, I found the True Guru,	ਹੇ ਭਾਈ! ਵੱਡੇ ਭਾਗਾਂ ਵਾਲੇ ਮਨੁੱਖਾਂ ਨੇ (ਉਹ) ਗੁਰੂ ਲੱਭ ਲਿਆ,
27109	623	ਜਿਨਿ ਜਮ ਕਾ ਪੰਥੁ ਮਿਟਾਇਆ॥		Jin Jam Kaa Panthh Mittaaeiaa ||	Who obliterated the path of the Messenger of Death.	ਜਿਸ (ਗੁਰੂ) ਨੇ (ਉਹਨਾਂ ਵਾਸਤੇ) ਜਮ ਦੇ ਦੇਸ ਨੂੰ ਲੈ ਜਾਣ ਵਾਲਾ ਰਸਤਾ ਮਿਟਾ ਦਿੱਤਾ,
27110	623	ਹਰਿ ਭਗਤਿ ਭਾਇ ਚਿਤੁ ਲਾਗਾ॥		Har Bhagath Bhaae Chith Laagaa ||	My consciousness is focused on loving, devotional worship of the Lord.	(ਕਿਉਂਕਿ ਗੁਰੂ ਦੀ ਕਿਰਪਾ ਨਾਲ) ਉਹਨਾਂ ਦਾ ਮਨ ਪਰਮਾਤਮਾ ਦੀ ਭਗਤੀ ਵਿਚ ਪ੍ਰਭੂ ਦੇ ਪ੍ਰੇਮ ਵਿਚ ਮਗਨ ਰਹਿੰਦਾ ਹੈ।
27111	623	ਜਪਿ ਜੀਵਹਿ ਸੇ ਵਡਭਾਗਾ॥੨॥		Jap Jeevehi Sae Vaddabhaagaa ||2||	One who lives in this meditation is very fortunate indeed. ||2||	ਉਹ ਵਡ-ਭਾਗੀ ਮਨੁੱਖ ਪਰਮਾਤਮਾ ਦਾ ਨਾਮ ਜਪ ਜਪ ਕੇ ਆਤਮਕ ਜੀਵਨ ਪ੍ਰਾਪਤ ਕਰ ਲੈਂਦੇ ਹਨ ॥੨॥

27112	623	ਹਰਿ ਅੰਮ੍ਰਿਤ ਬਾਣੀ ਗਾਵੈ॥		Har Anmrith Baanee Gaavai ||	He sings the Ambrosial Word of the Guru's Bani,	(ਹੇ ਭਾਈ! ਪਰਮਾਤਮਾ ਦਾ ਸੇਵਕ) ਪਰਮਾਤਮਾ ਦੀ ਆਤਮਿਕ ਜੀਵਨ ਦੇਣ ਵਾਲੀ ਬਾਣੀ ਗਾਂਦਾ ਰਹਿੰਦਾ ਹੈ,
27113	623	ਸਾਧਾ ਕੀ ਧੂਰੀ ਨਾਵੈ॥	ਸਾਧਾਂ। ਨ੍ਹਾਵੈ	Saadhhaa Kee Dhhooree Naavai ||	And bathes in the dust of the feet of the Holy.	ਸੇਵਕ ਗੁਰਮੁਖਾਂ ਦੇ ਚਰਨਾਂ ਦੀ ਧੂੜ ਵਿਚ ਇਸ਼ਨਾਨ ਕਰਦਾ ਰਹਿੰਦਾ ਹੈ (ਆਪਾ-ਭਾਵ ਮਿਟਾ ਕੇ ਸੰਤ ਜਨਾਂ ਦੀ ਸ਼ਰਨ ਪਿਆ ਰਹਿੰਦਾ ਹੈ)।
27114	623	ਅਪੁਨਾ ਨਾਮੁ ਆਪੇ ਦੀਆ॥		Apunaa Naam Aapae Dheeaa ||	He Himself bestows His Name.	ਪਰਮਾਤਮਾ ਨੇ ਆਪ ਹੀ (ਆਪਣੇ ਸੇਵਕ ਨੂੰ) ਆਪਣਾ ਨਾਮ ਬਖ਼ਸ਼ਿਆ ਹੈ,
27115	623	ਪ੍ਰਭ ਕਰਣਹਾਰ ਰਖਿ ਲੀਆ॥੩॥		Prabh Karanehaar Rakh Leeaa ||3||	God, the Creator, saves us. ||3||	ਸਿਰਜਣਹਾਰ ਪ੍ਰਭੂ ਨੇ ਆਪ ਹੀ (ਸਦਾ ਤੋਂ ਆਪਣੇ ਸੇਵਕ ਨੂੰ ਵਿਕਾਰਾਂ ਤੋਂ) ਬਚਾਇਆ ਹੈ ॥੩॥
27116	623	ਹਰਿ ਦਰਸਨ ਪ੍ਰਾਨ ਅਧਾਰਾ॥		Har Dharasan Praan Adhhaaraa ||	The Blessed Vision of the Lord's Darshan is the support of the breath of life.	ਹੇ ਭਾਈ! ਪਰਮਾਤਮਾ ਦਾ ਦਰਸ਼ਨ ਹੀ (ਸੇਵਕ ਦੀ) ਜ਼ਿੰਦਗੀ ਦਾ ਆਸਰਾ ਹੈ।
27117	623	ਇਹੁ ਪੂਰਨ ਬਿਮਲ ਬੀਚਾਰਾ॥	(ਬਿਮਲ) ਸ਼ੁੱਧ	Eihu Pooran Bimal Beechaaraa ||	This is the perfect, pure wisdom.	(ਪ੍ਰਭੂ ਦੇ ਸੇਵਕ ਦਾ) ਇਹ ਪਵਿਤ੍ਰ ਤੇ ਪੂਰਨ ਵਿਚਾਰ ਬਣਿਆ ਰਹਿੰਦਾ ਹੈ।
27118	623	ਕਰਿ ਕਿਰਪਾ ਅੰਤਰਜਾਮੀ॥		Kar Kirapaa Antharajaamee ||	The Inner-knower, the Searcher of hearts, has granted His Mercy;	ਹੇ ਸਭ ਦੇ ਦਿਲਾਂ ਦੀ ਜਾਣਨ ਵਾਲੇ! ਹੇ ਸੁਆਮੀ! (ਮੇਰੇ ਉਤੇ) ਮੇਹਰ ਕਰ,

27119	623	ਦਾਸ ਨਾਨਕ ਸਰਣਿ ਸੁਆਮੀ॥੪॥੮॥੫੮॥		Dhaas Naanak Saran Suaamee ||4||8||58||	Slave Nanak seeks the Sanctuary of his Lord and Master. ||4||8||58||	ਹੇ ਦਾਸ ਨਾਨਕ! (ਤੂੰ ਭੀ ਪ੍ਰਭੂ-ਦਰ ਤੇ ਅਰਦਾਸ ਕਰ, ਤੇ, ਆਖ-) ਮੈਂ ਤੇਰੀ ਸ਼ਰਨ ਆਇਆ ਹਾਂ ॥੪॥੮॥੫੮॥
27120	623	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27121	623	ਗੁਰਿ ਪੂਰੈ ਚਰਨੀ ਲਾਇਆ॥		Gur Poorai Charanee Laaeiaa ||	The Perfect Guru has attached me to His feet.	(ਹੇ ਭਾਈ! ਜਿਸ ਮਨੁੱਖ ਨੂੰ) ਪੂਰੇ ਗੁਰੂ ਨੇ (ਪਰਮਾਤਮਾ ਦੇ) ਚਰਨਾਂ ਵਿਚ ਜੋੜ ਦਿੱਤਾ,
27122	623	ਹਰਿ ਸੰਗਿ ਸਹਾਈ ਪਾਇਆ॥		Har Sang Sehaaee Paaeiaa ||	I have obtained the Lord as my companion, my support, my best friend.	ਉਸ ਨੇ ਉਹ ਪਰਮਾਤਮਾ ਲੱਭ ਲਿਆ ਜੋ ਹਰ ਵੇਲੇ ਅੰਗ-ਸੰਗ ਵੱਸਦਾ ਹੈ, ਤੇ, (ਜਿੰਦ ਦਾ) ਮਦਦਗਾਰ ਹੈ।
27123	623	ਜਹ ਜਾਈਐ ਤਹਾ ਸੁਹੇਲੇ॥		Jeh Jaaeeai Thehaa Suhaelae ||	Wherever I go, I am happy there.	(ਜੇ ਪ੍ਰਭੂ-ਚਰਨਾਂ ਵਿਚ ਜੁੜੇ ਰਹੀਏ, ਤਾਂ) ਜਿੱਥੇ ਭੀ ਜਾਈਏ, ਉਥੇ ਹੀ ਸੁਖੀ ਰਹਿ ਸਕੀਦਾ ਹੈ,
27124	623	ਕਰਿ ਕਿਰਪਾ ਪ੍ਰਭਿ ਮੇਲੇ॥੧॥		Kar Kirapaa Prabh Maelae ||1||	By His Kind Mercy, God united me with Himself. ||1||	(ਪਰ ਜਿਨ੍ਹਾਂ ਨੂੰ ਚਰਨਾਂ ਵਿਚ ਮਿਲਾਇਆ ਹੈ) ਪ੍ਰਭੂ ਨੇ (ਆਪ ਹੀ) ਕਿਰਪਾ ਕਰ ਕੇ ਮਿਲਾਇਆ ਹੈ ॥੧॥
27125	623	ਹਰਿ ਗੁਣ ਗਾਵਹੁ ਸਦਾ ਸੁਭਾਈ॥		Har Gun Gaavahu Sadhaa Subhaaee ||	So sing forever the Glorious Praises of the Lord with loving devotion.	ਹੇ ਭਾਈ! ਸਦਾ ਪਿਆਰ ਨਾਲ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਰਿਹਾ ਕਰੋ।

27126	623	ਮਨ ਚਿੰਦੇ ਸਗਲੇ ਫਲ ਪਾਵਹੁ ਜੀਅ ਕੈ ਸੰਗਿ ਸਹਾਈ॥੧॥ਰਹਾਉ॥		Man Chindhae Sagalae Fal Paavahu Jeea Kai Sang Sehaaee ||1|| Rehaao ||	You shall obtain all the fruits of your mind's desires, and the Lord shall become the companion and the support of your soul. ||1||Pause||	(ਸਿਫ਼ਤ-ਸਾਲਾਹ ਦੀ ਬਰਕਤਿ ਨਾਲ) ਮਨ-ਮੰਗੇ ਫਲ (ਪ੍ਰਭੂ ਦੇ ਦਰ ਤੋਂ) ਪ੍ਰਾਪਤ ਕਰਦੇ ਰਹੋਗੇ, ਪਰਮਾਤਮਾ ਜਿੰਦ ਦੇ ਨਾਲ (ਵੱਸਦਾ) ਸਾਥੀ (ਪ੍ਰਤੀਤ ਹੁੰਦਾ ਰਹੇਗਾ) ॥੧॥ ਰਹਾਉ ॥
27127	623	ਨਾਰਾਇਣ ਪ੍ਰਾਣ ਅਧਾਰਾ॥		Naaraaein Praan Adhhaaraa ||	The Lord is the support of the breath of life.	ਹੇ ਭਾਈ! (ਸੰਤ ਜਨਾਂ ਦੀ ਕਿਰਪਾ ਨਾਲ) ਪਰਮਾਤਮਾ ਜਿੰਦ ਦਾ ਆਸਰਾ (ਪ੍ਰਤੀਤ ਹੁੰਦਾ ਰਹਿੰਦਾ ਹੈ)
27128	623	ਹਮ ਸੰਤ ਜਨਾਂ ਰੇਨਾਰਾ॥		Ham Santh Janaan Raenaaraa ||	I am the dust of the feet of the Holy people.	ਮੈਂ ਤਾਂ ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣਿਆ ਰਹਿੰਦਾ ਹਾਂ।
27129	623	ਪਤਿਤ ਪੁਨੀਤ ਕਰਿ ਲੀਨੇ॥		Pathith Puneeth Kar Leenae ||	I am a sinner, but the Lord made me pure.	ਸੰਤ ਜਨ ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ (ਭੀ) ਪਵਿਤ੍ਰ ਜੀਵਨ ਵਾਲਾ ਬਣਾ ਲੈਂਦੇ ਹਨ,
27130	623	ਕਰਿ ਕਿਰਪਾ ਹਰਿ ਜਸੁ ਦੀਨੇ॥੨॥		Kar Kirapaa Har Jas Dheenae ||2||	By His Kind Mercy, the Lord blessed me with His Praises. ||2||	(ਜਦੋਂ ਉਹ) ਕਿਰਪਾ ਕਰ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਦਾਤਿ ਦੇਂਦੇ ਹਨ ॥੨॥
27131	623	ਪਾਰਬ੍ਰਹਮੁ ਕਰੇ ਪ੍ਰਤਿਪਾਲਾ॥		Paarabreham Karae Prathipaalaa ||	The Supreme Lord God cherishes and nurtures me.	ਹੇ ਭਾਈ! ਪਰਮਾਤਮਾ ਆਪ (ਸਿਫ਼ਤ-ਸਾਲਾਹ ਕਰਨ ਵਾਲਿਆਂ ਦੀ) ਰਾਖੀ ਕਰਦਾ ਹੈ,
27132	623	ਸਦ ਜੀਅ ਸੰਗਿ ਰਖਵਾਲਾ॥		Sadh Jeea Sang Rakhavaalaa ||	He is always with me, the Protector of my soul.	ਸਦਾ ਉਹਨਾਂ ਦੀ ਜਿੰਦ ਦੇ ਨਾਲ ਰਾਖਾ ਬਣਿਆ ਰਹਿੰਦਾ ਹੈ।

27133	623	ਹਰਿ ਦਿਨੁ ਰੈਣਿ ਕੀਰਤਨੁ ਗਾਈਐ॥		Har Dhin Rain Keerathan Gaaeeai ||	Singing the Kirtan of the Lord's Praises day and night,	(ਤਾਂ ਤੇ) ਦਿਨ ਰਾਤ (ਹਰ ਵੇਲੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦੇ ਰਹਿਣਾ ਚਾਹੀਦਾ ਹੈ,
27134	623	ਬਹੁੜਿ ਨ ਜੋਨੀ ਪਾਈਐ॥੩॥		Bahurr N Jonee Paaeeai ||3||	I shall not be consigned to reincarnation again. ||3||	(ਸਿਫ਼ਤ-ਸਾਲਾਹ ਦੀ ਬਰਕਤਿ ਨਾਲ) ਮੁੜ ਜਨਮ ਮਰਨ ਦੇ ਗੇੜ ਵਿਚ ਨਹੀਂ ਪਈਦਾ ॥੩॥
27135	623	ਜਿਸੁ ਦੇਵੈ ਪੁਰਖੁ ਬਿਧਾਤਾ॥		Jis Dhaevai Purakh Bidhhaathaa ||	One who is blessed by the Primal Lord, the Architect of Destiny,	(ਪਰ) ਜਿਸ ਮਨੁੱਖ ਨੂੰ ਸਿਰਜਣਹਾਰ ਸਰਬ-ਵਿਆਪਕ ਪ੍ਰਭੂ ਆਪ (ਇਹ ਦਾਤਿ) ਦੇਂਦਾ ਹੈ,
27136	623	ਹਰਿ ਰਸੁ ਤਿਨ ਹੀ ਜਾਤਾ॥		Har Ras Thin Hee Jaathaa ||	Realizes the subtle essence of the Lord.	ਉਸ ਨੇ ਹੀ ਪਰਮਾਤਮਾ ਦੇ ਨਾਮ ਦਾ ਸੁਆਦ ਸਮਝਿਆ ਹੈ (ਕਦਰ ਜਾਣੀ ਹੈ)।
27137	623	ਜਮਕੰਕਰੁ ਨੇੜਿ ਨ ਆਇਆ॥		Jamakankar Naerr N Aaeiaa ||	The Messenger of Death does not come near him.	ਜਮ-ਦੂਤ ਭੀ ਉਸ ਦੇ ਨੇੜੇ ਨਹੀਂ ਢੁਕਦਾ।
27138	623	ਸੁਖੁ ਨਾਨਕ ਸਰਣੀ ਪਾਇਆ॥੪॥੯॥੫੯॥		Sukh Naanak Saranee Paaeiaa ||4||9||59||	In the Lord's Sanctuary, Nanak has found peace. ||4||9||59||	ਪਰਮਾਤਮਾ ਦੀ ਸ਼ਰਨ ਪਿਆ ਰਹਿ ਕੇ ਉਹ ਆਤਮਕ ਆਨੰਦ ਮਾਣਦਾ ਰਹਿੰਦਾ ਹੈ ॥੪॥੯॥੫੯॥
27139	624	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27140	624	ਗੁਰਿ ਪੂਰੈ ਕੀਤੀ ਪੂਰੀ॥		Gur Poorai Keethee Pooree ||	The Perfect Guru has made me perfect.	ਹੇ ਭਾਈ! ਪੂਰੇ ਗੁਰੂ ਨੇ (ਮੈਨੂੰ ਆਤਮਕ ਜੀਵਨ ਵਿਚ) ਸਫਲਤਾ ਦਿੱਤੀ ਹੈ,

27141	624	ਪ੍ਰਭੁ ਰਵਿ ਰਹਿਆ ਭਰਪੂਰੀ॥		Prabh Rav Rehiaa Bharapooree ||	God is totally pervading and permeating everywhere.	(ਮੈਨੂੰ) ਪਰਮਾਤਮਾ ਹਰ ਥਾਂ ਵਿਆਪਕ ਦਿੱਸ ਰਿਹਾ ਹੈ।
27142	624	ਖੇਮ ਕੁਸਲ ਭਇਆ ਇਸਨਾਨਾ॥		Khaem Kusal Bhaeiaa Eisanaanaa ||	With joy and pleasure, I take my purifying bath.	ਮੇਰੇ ਅੰਦਰ ਆਤਮਕ ਸੁਖ ਆਨੰਦ ਬਣ ਗਿਆ ਹੈ-ਇਹ ਹੈ ਇਸ਼ਨਾਨ (ਜੋ ਮੈਂ ਗੁਰੂ-ਸਰ ਵਿਚ ਕੀਤਾ ਹੈ)।
27143	624	ਪਾਰਬ੍ਰਹਮ ਵਿਟਹੁ ਕੁਰਬਾਨਾ॥੧॥		Paarabreham Vittahu Kurabaanaa ||1||	I am a sacrifice to the Supreme Lord God. ||1||	ਮੈਂ ਪਰਮਾਤਮਾ ਤੋਂ ਸਦਕੇ ਜਾਂਦਾ ਹਾਂ (ਜਿਸ ਨੇ ਮੈਨੂੰ ਗੁਰੂ ਮਿਲਾ ਦਿੱਤਾ ਹੈ) ॥੧॥
27144	624	ਗੁਰ ਕੇ ਚਰਨਕਵਲ ਰਿਦ ਧਾਰੇ॥		Gur Kae Charan Kaval Ridh Dhhaarae ||	I enshrine the lotus feet of the Guru within my heart.	ਹੇ ਭਾਈ! ਜਿਸ ਮਨੁੱਖ ਨੇ ਗੁਰੂ ਦੇ ਕੋਮਲ ਫੁੱਲ ਵਰਗੇ ਕੋਮਲ ਚਰਨ ਆਪਣੇ ਹਿਰਦੇ ਵਿਚ ਵਸਾ ਲਏ,
27145	624	ਬਿਘਨੁ ਨ ਲਾਗੈ ਤਿਲ ਕਾ ਕੋਈ ਕਾਰਜ ਸਗਲ ਸਵਾਰੇ॥੧॥ਰਹਾਉ॥		Bighan N Laagai Thil Kaa Koee Kaaraj Sagal Savaarae ||1|| Rehaao ||	Not even the tiniest obstacle blocks my way; all my affairs are resolved. ||1||Pause||	(ਉਸ ਦੀ ਜ਼ਿੰਦਗੀ ਦੇ ਰਸਤੇ ਵਿਚ) ਰਤਾ ਭਰ ਭੀ ਕੋਈ ਰੁਕਾਵਟ ਨਹੀਂ ਆਉਂਦੀ। ਗੁਰੂ ਉਸ ਦੇ ਸਾਰੇ ਕੰਮ ਸਵਾਰ ਦੇਂਦਾ ਹੈ ॥੧॥ ਰਹਾਉ ॥
27146	624	ਮਿਲਿ ਸਾਧੂ ਦੁਰਮਤਿ ਖੋਏ॥	ਦੁਰਮੱਤਿ	Mil Saadhhoo Dhuramath Khoeae ||	Meeting with the Holy Saints, my evil-mindedness was eradicated.	ਹੇ ਭਾਈ! ਗੁਰੂ ਨੂੰ ਮਿਲ ਕੇ ਮਨੁੱਖ ਖੋਟੀ ਮਤਿ ਦੂਰ ਕਰ ਲੈਂਦਾ ਹੈ।

27147	624	ਪਤਿਤ ਪੁਨੀਤ ਸਭ ਹੋਏ॥		Pathith Puneeth Sabh Hoeae ||	All the sinners are purified.	ਵਿਕਾਰੀ ਮਨੁੱਖ ਭੀ ਗੁਰੂ ਨੂੰ ਮਿਲ ਕੇ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ।
27148	624	ਰਾਮਦਾਸਿ ਸਰੋਵਰ ਨਾਤੇ॥	ਨ੍ਹਾਤੇ	Raamadhaas Sarovar Naathae ||	Bathing in the sacred pool of Guru Ram Das,	ਜੇਹੜੇ ਭੀ ਮਨੁੱਖ ਰਾਮ ਦੇ ਦਾਸਾਂ ਦੇ ਸਰੋਵਰ ਵਿਚ (ਗੁਰੂ ਦੀ ਸੰਗਤਿ ਵਿਚ ਆਤਮਕ) ਇਸ਼ਨਾਨ ਕਰਦੇ ਹਨ (ਮਨ ਨੂੰ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਇਸ਼ਨਾਨ ਕਰਾਂਦੇ ਹਨ)
27149	624	ਸਭ ਲਾਥੇ ਪਾਪ ਕਮਾਤੇ॥੨॥		Sabh Laathhae Paap Kamaathae ||2||	All the sins one has committed are washed away. ||2||	ਉਹਨਾਂ ਦੇ ਸਾਰੇ (ਪਿਛਲੇ) ਕਮਾਏ ਹੋਏ ਪਾਪ ਲਹਿ ਜਾਂਦੇ ਹਨ ॥੨॥
27150	624	ਗੁਨ ਗੋਬਿੰਦ ਨਿਤ ਗਾਈਐ॥		Gun Gobindh Nith Gaaeeai ||	So sing forever the Glorious Praises of the Lord of the Universe;	ਹੇ ਭਾਈ! ਗੁਰੂ ਦੀ ਸੰਗਤਿ ਵਿਚ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ,
27151	624	ਸਾਧਸੰਗਿ ਮਿਲਿ ਧਿਆਈਐ॥		Saadhhasang Mil Dhhiaaeeai ||	Joining the Saadh Sangat, the Company of the Holy, meditate on Him.	ਸਦਾ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਗੀਤ ਗਾਣੇ ਚਾਹੀਦੇ ਹਨ।
27152	624	ਮਨ ਬਾਂਛਤ ਫਲ ਪਾਏ॥		Man Baanshhath Fal Paaeae ||	The fruits of your mind's desires are obtained	ਉਹ ਮਨੁੱਖ (ਪ੍ਰਭੂ-ਦਰ ਤੋਂ) ਮਨ-ਮੰਗੇ ਫਲ ਪ੍ਰਾਪਤ ਕਰ ਲੈਂਦਾ ਹੈ
27153	624	ਗੁਰੁ ਪੂਰਾ ਰਿਦੈ ਧਿਆਏ॥੩॥		Gur Pooraa Ridhai Dhhiaaeae ||3||	By meditating on the Perfect Guru within your heart. ||3||	ਜੇਹੜਾ ਪੂਰੇ ਗੁਰੂ ਨੂੰ ਆਪਣੇ ਹਿਰਦੇ ਵਿਚ ਵਸਾਂਦਾ ਹੈ ॥੩॥

27154	624	ਗੁਰ ਗੋਪਾਲ ਆਨੰਦਾ॥		Gur Gopaal Aanandhaa ||	The Guru, the Lord of the World, is blissful;	ਉਹ ਪਰਮਾਤਮਾ ਸਭ ਤੋਂ ਵੱਡਾ ਹੈ, ਸ੍ਰਿਸ਼ਟੀ ਦਾ ਪਾਲਣ ਵਾਲਾ ਹੈ, ਆਨੰਦ-ਸਰੂਪ ਹੈ।
27155	624	ਜਪਿ ਜਪਿ ਜੀਵੈ ਪਰਮਾਨੰਦਾ॥		Jap Jap Jeevai Paramaanandhaa ||	Chanting, meditating on the Lord of supreme bliss, He lives.	ਉਸ ਸਭ ਤੋਂ ਉੱਚੇ ਆਨੰਦ ਦੇ ਮਾਲਕ ਨੂੰ ਜਪ ਜਪ ਕੇ ਉਹ ਮਨੁੱਖ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ
27156	624	ਜਨ ਨਾਨਕ ਨਾਮੁ ਧਿਆਇਆ॥		Jan Naanak Naam Dhhiaaeiaa ||	Servant Nanak meditates on the Naam, the Name of the Lord.	ਜਦੋਂ ਮਨੁੱਖ ਉਸ ਪਰਮਾਤਮਾ ਦਾ ਨਾਮ ਸਿਮਰਦਾ ਹੈ,
27157	624	ਪ੍ਰਭ ਅਪਨਾ ਬਿਰਦੁ ਰਖਾਇਆ॥੪॥੧੦॥੬੦॥		Prabh Apanaa Biradh Rakhaaeiaa ||4||10||60||	God has confirmed His innate nature. ||4||10||60||	ਹੇ ਦਾਸ ਨਾਨਕ! (ਆਖ-) ਤਾਂ ਪਰਮਾਤਮਾ ਵੀ ਆਪਣਾ ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ ਕਾਇਮ ਰੱਖਦਾ ਹੈ ॥੪॥੧੦॥੬੦॥
27158	624	ਰਾਗੁ ਸੋਰਠਿ ਮਹਲਾ ੫॥		Raag Sorath Mehalaa 5 ||	Sorat'h, Fifth Mehl:	
27159	624	ਦਹ ਦਿਸ ਛਤ੍ਰੁ ਮੇਘ ਘਟਾ ਘਟ ਦਾਮਨਿ ਚਮਕਿ ਡਰਾਇਓ॥	(ਦਾਮਨਿ) ਬਿਜਲੀ। ਘਟਾ ਘਟ ਪੋਲੇ	Dheh Dhis Shhathr Maegh Ghattaa Ghatt Dhaaman Chamak Ddaraaeiou ||	In the ten directions, the clouds cover the sky like a canopy; through the dark clouds, lightning flashes, and I am terrified.	(ਜਦੋਂ) ਬੱਦਲਾਂ ਦੀਆਂ ਘਟਾਂ ਹੀ ਘਟਾਂ ਛਤਰੀ ਵਾਂਗ ਦਸੀਂ ਪਾਸੀਂ (ਪਸਰੀਆਂ ਹੁੰਦੀਆਂ ਹਨ), ਬਿਜਲੀ ਚਮਕ ਚਮਕ ਕੇ ਡਰਾਂਦੀ ਹੈ,

27160	624	ਸੇਜ ਇਕੇਲੀ ਨੀਦ ਨਹੁ ਨੈਨਹ ਪਿਰੁ ਪਰਦੇਸਿ ਸਿਧਾਇਓ॥੧॥		Saej Eikaelee Needh Nahu Naineh Pir Paradhaes Sidhhaaeiou ||1||	By bed is empty, and my eyes are sleepless; my Husband Lord has gone far away. ||1||	(ਜਿਸ ਇਸਤ੍ਰੀ ਦਾ) ਪਤੀ ਪਰਦੇਸ ਵਿਚ ਗਿਆ ਹੁੰਦਾ ਹੈ, (ਉਸ ਦੀ) ਸੇਜ (ਪਤੀ ਤੋਂ ਬਿਨਾ) ਸੁੰਞੀ ਹੁੰਦੀ ਹੈ, (ਉਸ ਦੀਆਂ) ਅੱਖਾਂ ਵਿਚ ਨੀਂਦ ਨਹੀਂ ਆਉਂਦੀ ॥੧॥
27161	624	ਹੁਣਿ ਨਹੀ ਸੰਦੇਸ ਰੋਮਾਇਓ॥	(ਸੰਦੇਸ) ਸੁਨੇਹਾ। (ਰੋਮਾਇਓ) ਪੁਚਾਇਆ। (੨. ਸੰਦੇਸਰੋ ਮਾਇਓ)	Hun Nehee Sandhaesaro Maaeiou ||	Now, I receive no messages from Him, O mother!	(ਪਤੀ ਤੋਂ ਵਿਛੁੜ ਕੇ ਘਬਰਾਈ ਹੋਈ ਉਹ ਆਖਦੀ ਹੈ-) ਹੇ ਮਾਂ! ਹੁਣ ਤਾਂ (ਪਤੀ ਵਲੋਂ) ਕੋਈ ਸਨੇਹਾ ਭੀ ਨਹੀਂ ਆਉਂਦਾ।
27162	624	ਏਕ ਕੋਸਰੋ ਸਿਧਿ ਕਰਤ ਲਾਲੁ ਤਬ ਚਤੁਰ ਪਾਤਰੋ ਆਇਓ॥ਰਹਾਉ॥	(ਸਿਧਿ) ਜਾਣਾ।(ਕਰਤ) ਕਰਦਾ ਸੀ।(ਚਤੁਰ) ਚਾਰ। (ਪਾਤਰੋ)ਚਿੱਠੀਆਂ	Eaek Kosaro Sidhh Karath Laal Thab Chathur Paatharo Aaeiou || Rehaao ||	When my Beloved used to go even a mile away, He would send me four letters. ||Pause||	(ਪਹਿਲਾਂ ਜਦੋਂ ਕਦੇ ਘਰੋਂ ਜਾ ਕੇ ਪਤੀ) ਇਕ ਕੋਹ ਪੈਂਡਾ ਹੀ ਕਰਦਾ ਸੀ ਤਦੋਂ (ਉਸ ਦੀਆਂ) ਚਾਰ ਚਿੱਠੀਆਂ ਆ ਜਾਂਦੀਆਂ ਸਨ ਰਹਾਉ॥
27163	624	ਕਿਉ ਬਿਸਰੈ ਇਹੁ ਲਾਲੁ ਪਿਆਰੋ ਸਰਬ ਗੁਣਾ ਸੁਖਦਾਇਓ॥		Kio Bisarai Eihu Laal Piaaro Sarab Gunaa Sukhadhaaeiou ||	How could I forget this Dear Beloved of mine? He is the Giver of peace, and all virtues.	ਹੇ ਮਾਂ! ਮੈਨੂੰ ਭੀ ਇਹ ਸੋਹਣਾ ਪਿਆਰਾ ਲਾਲ (ਪ੍ਰਭੂ) ਕਿਵੇਂ ਭੁੱਲ ਸਕਦਾ ਹੈ? ਇਹ ਤਾਂ ਸਾਰੇ ਗੁਣਾਂ ਦਾ ਮਾਲਕ ਹੈ, ਸਾਰੇ ਸੁਖ ਦੇਣ ਵਾਲਾ ਹੈ।
27164	624	ਮੰਦਰਿ ਚਰਿ ਕੈ ਪੰਥੁ ਨਿਹਾਰਉ ਨੈਨ ਨੀਰਿ ਭਰਿ ਆਇਓ॥੨॥	ਚਰ੍ਹਿ	Mandhar Char Kai Panthh Nihaaro Nain Neer Bhar Aaeiou ||2||	Ascending to His Mansion, I gaze upon His path, and my eyes are filled with tears. ||2||	ਮੈਂ ਭੀ (ਵਿਛੁੜੀ ਨਾਰ ਵਾਂਗ) ਕੋਠੇ ਉੱਤੇ ਚੜ੍ਹ ਕੇ (ਪਤੀ ਦਾ) ਰਾਹ ਤੱਕਦੀ ਹਾਂ, (ਮੇਰੀਆਂ ਭੀ) ਅੱਖਾਂ (ਵੈਰਾਗ-) ਨੀਰ ਨਾਲ ਭਰ ਆਈਆਂ ਹਨ ॥੨॥

27165	624	ਹਉ ਹਉ ਭੀਤਿ ਭਇਓ ਹੈ ਬੀਚੋ ਸੁਨਤ ਦੇਸਿ ਨਿਕਟਾਇਓ॥		Ho Ho Bheeth Bhaeiou Hai Beecho Sunath Dhaes Nikattaaeiou ||	The wall of egotism and pride separates us, but I can hear Him nearby.	ਹੇ ਮਾਂ! ਮੈਂ ਸੁਣਦੀ ਤਾਂ ਇਹ ਹਾਂ, ਕਿ (ਉਹ ਪਤੀ ਪ੍ਰਭੂ) ਮੇਰੇ ਹਿਰਦੇ-ਦੇਸ ਵਿਚ ਮੇਰੇ ਨੇੜੇ ਹੀ ਵੱਸਦਾ ਹੈ, ਪਰ (ਮੇਰੇ ਤੇ ਉਸ ਦੇ) ਵਿਚਕਾਰ ਮੇਰੀ ਹਉਮੈ ਦੀ ਕੰਧ ਖੜੀ ਹੋ ਗਈ ਹੈ,
27166	624	ਭਾਂਭੀਰੀ ਕੇ ਪਾਤ ਪਰਦੋ ਬਿਨੁ ਪੇਖੇ ਦੂਰਾਇਓ॥੩॥		Bhaanbheeree Kae Paath Paradho Bin Paekhae Dhooraaeiou ||3||	There is a veil between us, like the wings of a butterfly; without being able to see Him, He seems so far away. ||3||	(ਕਹਿੰਦੇ ਹਨ) ਭੰਭੀਰੀ ਦੇ ਖੰਭ ਵਾਂਗ (ਬੜਾ ਬਰੀਕ) ਪਰਦਾ (ਮੇਰੇ ਤੇ ਉਸ ਪਤੀ ਦੇ ਵਿਚਕਾਰ ਹੈ), ਪਰ ਉਸ ਦਾ ਦਰਸ਼ਨ ਕਰਨ ਤੋਂ ਬਿਨਾ ਉਹ ਕਿਤੇ ਦੂਰ ਵੱਸਦਾ ਜਾਪਦਾ ਹੈ ॥੩॥
27167	624	ਭਇਓ ਕਿਰਪਾਲੁ ਸਰਬ ਕੋ ਠਾਕੁਰੁ ਸਗਰੋ ਦੂਖੁ ਮਿਟਾਇਓ॥		Bhaeiou Kirapaal Sarab Ko Thaakur Sagaro Dhookh Mittaaeiou ||	The Lord and Master of all has become merciful; He has dispelled all my sufferings.	ਹੇ ਮਾਂ! ਜਿਸ ਸੁਭਾਗਣ ਉਤੇ ਸਭ ਜੀਵਾਂ ਦਾ ਮਾਲਕ ਦਇਆਵਾਨ ਹੁੰਦਾ ਹੈ, ਉਸ ਦਾ ਉਹ ਸਾਰਾ (ਵਿਛੋੜੇ ਦਾ) ਦੁੱਖ ਦੂਰ ਕਰ ਦੇਂਦਾ ਹੈ।
27168	624	ਕਹੁ ਨਾਨਕ ਹਉਮੈ ਭੀਤਿ ਗੁਰਿ ਖੋਈ ਤਉ ਦਇਆਰੁ ਬੀਠਲੋ ਪਾਇਓ॥੪॥		Kahu Naanak Houmai Bheeth Gur Khoee Tho Dhaeiaar Beethalo Paaeiou ||4||	Says Nanak, when the Guru tore down the wall of egotism, then, I found my Merciful Lord and Master. ||4||	ਨਾਨਕ ਆਖਦਾ ਹੈ- ਜਦੋਂ ਗੁਰੂ ਨੇ (ਜੀਵ-ਇਸਤ੍ਰੀ ਦੇ ਅੰਦਰੋਂ) ਹਉਮੈ ਦੀ ਕੰਧ ਢਾਹ ਦਿੱਤੀ, ਤਦੋਂ ਉਸ ਨੇ ਮਾਇਆ-ਰਹਿਤ ਦਇਆਲ (ਪ੍ਰਭੂ-ਪਤੀ) ਨੂੰ (ਆਪਣੇ ਅੰਦਰ ਹੀ) ਲੱਭ ਲਿਆ ॥੪॥

27169	624	ਸਭੁ ਰਹਿਓ ਅੰਦੇਸਰੋ ਮਾਇਓ॥	(ਅੰਦੇਸਰੋ) ਸੰਸੇ	Sabh Rehiou Andhaesaro Maaeiou ||	All my fears have been dispelled, O mother!	ਜਿਸ ਜੀਵ-ਇਸਤ੍ਰੀ ਨੂੰ ਗੁਰੂ ਨੇ ਉਹ ਮਿਲਾ ਦਿੱਤਾ, ਜਿਸ ਦੀ ਉਸ ਨੂੰ ਤਾਂਘ ਲੱਗ ਰਹੀ ਸੀ,
27170	624	ਜੋ ਚਾਹਤ ਸੋ ਗੁਰੂ ਮਿਲਾਇਓ॥		Jo Chaahath So Guroo Milaaeiou ||	Whoever I seek, the Guru leads me to find.	ਉਸ ਦਾ ਸਾਰਾ ਚਿੰਤਾ-ਫ਼ਿਕਰ ਮੁੱਕ ਜਾਂਦਾ ਹੈ।
27171	624	ਸਰਬ ਗੁਨਾ ਨਿਧਿ ਰਾਇਓ॥ ਰਹਾਉ ਦੂਜਾ॥੧੧॥੬੧॥		Sarab Gunaa Nidhh Raaeiou || Rehaao Dhoojaa ||11||61||	The Lord, our King, is the treasure of all virtue. ||Second Pause||11||61||	ਹੇ ਮਾਂ! ਪ੍ਰਭੂ-ਪਾਤਿਸ਼ਾਹ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ ਰਹਾਉ ਦੂਜਾ ॥੧੧॥੬੧॥
27172	624	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27173	624	ਗਈ ਬਹੋੜੁ ਬੰਦੀ ਛੋੜੁ ਨਿਰੰਕਾਰੁ ਦੁਖਦਾਰੀ॥	(ਬਹੋੜੁ) ਮੋਵ ਲਿਆਉਣ ਵਾਲੇ। (ਬੰਦੀ) ਕੈਦ ਚੋਂ।(ਛੋੜੁ) ਛਡਾਉਣ ਵਾਲੇ। (ਦੁੱਖਦਾਰੀ) ਦੁੱਖ ਦੂਰ ਕਰਨ ਵਾਲੇ	Gee Behorr Bandhee Shhorr Nirankaar Dhukhadhaaree ||	The Restorer of what was taken away, the Liberator from captivity; the Formless Lord, the Destroyer of pain.	ਹੇ ਪ੍ਰਭੂ! ਤੂੰ (ਆਤਮਕ ਜੀਵਨ ਦੀ) ਗਵਾਚੀ ਹੋਈ (ਰਾਸਿ-ਪੂੰਜੀ) ਨੂੰ ਵਾਪਸ ਦਿਵਾਣ ਵਾਲਾ ਹੈਂ, ਤੂੰ (ਵਿਕਾਰਾਂ ਦੀ) ਕੈਦ ਵਿਚੋਂ ਛੁਡਾਣ ਵਾਲਾ ਹੈਂ, ਤੇਰਾ ਕੋਈ ਖ਼ਾਸ ਸਰੂਪ ਨਹੀਂ ਦੱਸਿਆ ਜਾ ਸਕਦਾ, ਤੂੰ (ਜੀਵਾਂ ਨੂੰ) ਦੁੱਖਾਂ ਵਿਚ ਢਾਰਸ ਦੇਣ ਵਾਲਾ ਹੈਂ।
27174	624	ਕਰਮੁ ਨ ਜਾਣਾ ਧਰਮੁ ਨ ਜਾਣਾ ਲੋਭੀ ਮਾਇਆਧਾਰੀ॥		Karam N Jaanaa Dhharam N Jaanaa Lobhee Maaeiaadhhaaree ||	I do not know about karma and good deeds; I do not know about Dharma and righteous living. I am so greedy, chasing after Maya.	ਹੇ ਪ੍ਰਭੂ! ਮੈਂ ਕੋਈ ਚੰਗਾ ਕਰਮ ਕੋਈ ਚੰਗਾ ਧਰਮ ਕਰਨਾ ਨਹੀਂ ਜਾਣਦਾ, ਮੈਂ ਲੋਭ ਵਿਚ ਫਸਿਆ ਰਹਿੰਦਾ ਹਾਂ, ਮੈਂ ਮਾਇਆ ਦੇ ਮੋਹ ਵਿਚ ਗ੍ਰਸਿਆ ਰਹਿੰਦਾ ਹਾਂ।

27175	624	ਨਾਮੁ ਪਰਿਓ ਭਗਤੁ ਗੋਵਿੰਦ ਕਾ ਇਹ ਰਾਖਹੁ ਪੈਜ ਤੁਮਾਰੀ॥੧॥		Naam Pariou Bhagath Govindh Kaa Eih Raakhahu Paij Thumaaree ||1||	I go by the name of God's devotee; please, save this honor of Yours. ||1||	ਪਰ ਹੇ ਪ੍ਰਭੂ! ਮੇਰਾ ਨਾਮ 'ਗੋਬਿੰਦ ਦਾ ਭਗਤ' ਪੈ ਗਿਆ ਹੈ। ਸੋ, ਹੁਣ ਤੂੰ ਆਪਣੇ ਨਾਮ ਦੀ ਆਪ ਲਾਜ ਰੱਖ ॥੧॥
27176	624	ਹਰਿ ਜੀਉ ਨਿਮਾਣਿਆ ਤੂ ਮਾਣੁ॥		Har Jeeo Nimaaniaa Thoo Maan ||	O Dear Lord, You are the honor of the dishonored.	ਹੇ ਪ੍ਰਭੂ ਜੀ! ਤੂੰ ਉਹਨਾਂ ਬੰਦਿਆਂ ਨੂੰ ਮਾਣ ਦੇਂਦਾ ਹੈਂ, ਜਿਨ੍ਹਾਂ ਦਾ ਹੋਰ ਕੋਈ ਮਾਣ ਨਹੀਂ ਕਰਦਾ।
27177	624	ਨਿਚੀਜਿਆ ਚੀਜ ਕਰੇ ਮੇਰਾ ਗੋਵਿੰਦੁ ਤੇਰੀ ਕੁਦਰਤਿ ਕਉ ਕੁਰਬਾਣੁ॥ਰਹਾਉ॥		Nicheejiaa Cheej Karae Maeraa Govindh Thaeree Kudharath Ko Kurabaan || Rehaao ||	You make the unworthy ones worthy, O my Lord of the Universe; I am a sacrifice to Your almighty creative power. ||Pause||	ਮੈਂ ਤੇਰੀ ਤਾਕਤ ਤੋਂ ਸਦਕੇ ਤੋਂ ਜਾਂਦਾ ਹਾਂ। ਹੇ ਭਾਈ! ਮੇਰਾ ਗੋਬਿੰਦ ਨਕਾਰਿਆਂ ਨੂੰ ਭੀ ਆਦਰ-ਜੋਗ ਬਣਾ ਦੇਂਦਾ ਹੈ ਰਹਾਉ॥
27178	624	ਜੈਸਾ ਬਾਲਕੁ ਭਾਇ ਸੁਭਾਈ ਲਖ ਅਪਰਾਧ ਕਮਾਵੈ॥	(ਸੁਭਾਈ) ਸੁਭਾਅ ਅਨੁਸਾਰ	Jaisaa Baalak Bhaae Subhaaee Lakh Aparaadhh Kamaavai ||	Like the child, innocently making thousands of mistakes	ਹੇ ਭਾਈ! ਜਿਵੇਂ ਕੋਈ ਬੱਚਾ ਆਪਣੀ ਲਗਨ ਅਨੁਸਾਰ ਸੁਭਾਵ ਅਨੁਸਾਰ ਲੱਖਾਂ ਗ਼ਲਤੀਆਂ ਕਰਦਾ ਹੈ,

27179	624	ਕਰਿ ਉਪਦੇਸੁ ਝਿੜਕੇ ਬਹੁ ਭਾਤੀ ਬਹੁੜਿ ਪਿਤਾ ਗਲਿ ਲਾਵੈ॥	ਭਾਂਤੀ	Kar Oupadhaes Jhirrakae Bahu Bhaathee Bahurr Pithaa Gal Laavai ||	His father teaches him, and scolds him so many times, but still, he hugs him close in his embrace.	ਉਸ ਦਾ ਪਿਉ ਉਸ ਨੂੰ ਸਿੱਖਿਆ ਦੇ ਦੇ ਕੇ ਕਈ ਤਰੀਕਿਆਂ ਨਾਲ ਝਿੜਕਦਾ ਭੀ ਹੈ, ਪਰ ਫਿਰ ਆਪਣੇ ਗਲ ਨਾਲ (ਉਸ ਨੂੰ) ਲਾ ਲੈਂਦਾ ਹੈ,
27180	624	ਪਿਛਲੇ ਅਉਗੁਣ ਬਖਸਿ ਲਏ ਪ੍ਰਭੁ ਆਗੈ ਮਾਰਗਿ ਪਾਵੈ॥੨॥		Pishhalae Aougun Bakhas Leae Prabh Aagai Maarag Paavai ||2||	Please forgive my past actions, God, and place me on Your path for the future. ||2||	ਇਸੇ ਤਰ੍ਹਾਂ ਪ੍ਰਭੂ-ਪਿਤਾ ਭੀ ਜੀਵਾਂ ਦੇ ਪਿਛਲੇ ਗੁਨਾਹ ਬਖ਼ਸ਼ ਲੈਂਦਾ ਹੈ, ਤੇ ਅਗਾਂਹ ਵਾਸਤੇ (ਜੀਵਨ ਦੇ) ਠੀਕ ਰਸਤੇ ਉਤੇ ਪਾ ਦੇਂਦਾ ਹੈ ॥੨॥
27181	624	ਹਰਿ ਅੰਤਰਜਾਮੀ ਸਭ ਬਿਧਿ ਜਾਣੈ ਤਾ ਕਿਸੁ ਪਹਿ ਆਖਿ ਸੁਣਾਈਐ॥		Har Antharajaamee Sabh Bidhh Jaanai Thaa Kis Pehi Aakh Sunaaeeai ||	The Lord, the Inner-knower, the Searcher of hearts, knows all about my state of mind; so who else should I go to and speak to?	ਹੇ ਭਾਈ! ਪਰਮਾਤਮਾ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ, (ਜੀਵਾਂ ਦੀ) ਹਰੇਕ (ਆਤਮਕ) ਹਾਲਤ ਨੂੰ ਜਾਣਦਾ ਹੈ। (ਉਸ ਨੂੰ ਛੱਡ ਕੇ) ਹੋਰ ਕਿਸ ਪਾਸ (ਆਪਣੀ ਬਿਰਥਾ) ਆਖ ਕੇ ਸੁਣਾਈ ਜਾ ਸਕਦੀ ਹੈ?
27182	624	ਕਹਣੈ ਕਥਨਿ ਨ ਭੀਜੈ ਗੋਬਿੰਦੁ ਹਰਿ ਭਾਵੈ ਪੈਜ ਰਖਾਈਐ॥		Kehanai Kathhan N Bheejai Gobindh Har Bhaavai Paij Rakhaaeeai ||	The Lord, the Lord of the Universe, is not pleased by mere recitation of words; if it is pleasing to His Will, He preserves our honor.	ਹੇ ਭਾਈ! ਪਰਮਾਤਮਾ ਨਿਰੀਆਂ ਜ਼ਬਾਨੀ ਗੱਲਾਂ ਨਾਲ ਖ਼ੁਸ਼ ਨਹੀਂ ਹੁੰਦਾ। (ਕਰਣੀ ਕਰ ਕੇ ਜੇਹੜਾ ਮਨੁੱਖ) ਪਰਮਾਤਮਾ ਨੂੰ ਚੰਗਾ ਲੱਗ ਪੈਂਦਾ ਹੈ, ਉਸ ਦੀ ਉਹ ਇੱਜ਼ਤ ਰੱਖ ਲੈਂਦਾ ਹੈ।

27183	624	ਅਵਰ ਓਟ ਮੈ ਸਗਲੀ ਦੇਖੀ ਇਕ ਤੇਰੀ ਓਟ ਰਹਾਈਐ॥੩॥		Avar Outt Mai Sagalee Dhaekhee Eik Thaeree Outt Rehaaeeai ||3||	I have seen all other shelters, but Yours alone remains for me. ||3||	ਹੇ ਪ੍ਰਭੂ! ਮੈਂ ਹੋਰ ਸਾਰੇ ਆਸਰੇ ਵੇਖ ਲਏ ਹਨ, ਮੈਂ ਇਕ ਤੇਰਾ ਆਸਰਾ ਹੀ ਰੱਖਿਆ ਹੋਇਆ ਹੈ ॥੩॥
27184	625	ਹੋਇ ਦਇਆਲੁ ਕਿਰਪਾਲੁ ਪ੍ਰਭੁ ਠਾਕੁਰੁ ਆਪੇ ਸੁਣੈ ਬੇਨੰਤੀ॥		Hoe Dhaeiaal Kirapaal Prabh Thaakur Aapae Sunai Baenanthee ||	Becoming kind and compassionate, God the Lord and Master Himself listens to my prayer.	ਹੇ ਭਾਈ! ਮਾਲਕ-ਪ੍ਰਭੂ ਦਇਆਵਾਨ ਹੋ ਕੇ ਕਿਰਪਾਲ ਹੋ ਕੇ ਆਪ ਹੀ (ਜਿਸ ਮਨੁੱਖ ਦੀ) ਬੇਨਤੀ ਸੁਣ ਲੈਂਦਾ ਹੈ,
27185	625	ਪੂਰਾ ਸਤਗੁਰੁ ਮੇਲਿ ਮਿਲਾਵੈ ਸਭ ਚੂਕੈ ਮਨ ਕੀ ਚਿੰਤੀ॥		Pooraa Sathagur Mael Milaavai Sabh Chookai Man Kee Chinthee ||	He unites me in Union with the Perfect True Guru, and all the cares and anxieties of my mind are dispelled.	ਉਸ ਨੂੰ ਪੂਰਾ ਗੁਰੂ ਮੇਲ ਦੇਂਦਾ ਹੈ ਮਿਲਾ ਦੇਂਦਾ ਹੈ (ਇਸ ਤਰ੍ਹਾਂ, ਉਸ ਮਨੁੱਖ ਦੇ) ਮਨ ਦੀ ਹਰੇਕ ਚਿੰਤਾ ਮੁੱਕ ਜਾਂਦੀ ਹੈ।
27186	625	ਹਰਿ ਹਰਿ ਨਾਮੁ ਅਵਖਦੁ ਮੁਖਿ ਪਾਇਆ ਜਨ ਨਾਨਕ ਸੁਖਿ ਵਸੰਤੀ॥੪॥੧੨॥੬੨॥		Har Har Naam Avakhadh Mukh Paaeiaa Jan Naanak Sukh Vasanthee ||4||12||62||	The Lord, Har, Har, has placed the medicine of the Naam into my mouth; servant Nanak abides in peace. ||4||12||62||	ਹੇ ਦਾਸ ਨਾਨਕ! (ਆਖ-ਗੁਰੂ ਜਿਸ ਮਨੁੱਖ ਦੇ) ਮੂੰਹ ਵਿਚ ਪਰਮਾਤਮਾ ਦਾ ਨਾਮ-ਦਵਾਈ ਪਾ ਦੇਂਦਾ ਹੈ, ਉਹ ਮਨੁੱਖ ਆਤਮਕ ਆਨੰਦ ਵਿਚ ਜੀਵਨ ਬਿਤੀਤ ਕਰਦਾ ਹੈ ॥੪॥੧੨॥੬੨॥
27187	625	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

27188	625	ਸਿਮਰਿ ਸਿਮਰਿ ਪ੍ਰਭ ਭਏ ਅਨੰਦਾ ਦੁਖ ਕਲੇਸ ਸਭਿ ਨਾਠੇ॥		Simar Simar Prabh Bheae Anandhaa Dhukh Kalaes Sabh Naathae ||	Remembering, remembering God in meditation, bliss ensues, and one is rid of all suffering and pain.	ਹੇ ਪ੍ਰਭੂ! ਤੇਰਾ ਨਾਮ ਸਿਮਰ ਸਿਮਰ ਕੇ (ਸਿਮਰਨ ਕਰਨ ਵਾਲੇ ਮਨੁੱਖ) ਪ੍ਰਸੰਨਚਿੱਤ ਹੋ ਜਾਂਦੇ ਹਨ, (ਉਹਨਾਂ ਦੇ ਅੰਦਰੋਂ) ਸਾਰੇ ਦੁੱਖ-ਕਲੇਸ਼ ਦੂਰ ਹੋ ਜਾਂਦੇ ਹਨ।
27189	625	ਗੁਨ ਗਾਵਤ ਧਿਆਵਤ ਪ੍ਰਭੁ ਅਪਨਾ ਕਾਰਜ ਸਗਲੇ ਸਾਂਠੇ॥੧॥	(ਸਾਂਠੇ) ਸਿੱਧ ਹੋਏ	Gun Gaavath Dhhiaavath Prabh Apanaa Kaaraj Sagalae Saanthae ||1||	Singing the Glorious Praises of God, and meditating on Him, all my affairs are brought into harmony. ||1||	(ਹੇ ਭਾਈ! ਵਡ-ਭਾਗੀ ਮਨੁੱਖ) ਆਪਣੇ ਪ੍ਰਭੂ ਦੇ ਗੁਣ ਗਾਂਦਿਆਂ ਅਤੇ ਉਸ ਦਾ ਧਿਆਨ ਧਰਦਿਆਂ ਆਪਣੇ ਸਾਰੇ ਕੰਮ ਸਵਾਰ ਲੈਂਦੇ ਹਨ ॥੧॥
27190	625	ਜਗਜੀਵਨ ਨਾਮੁ ਤੁਮਾਰਾ॥	ਜੱਗਜੀਵਨ	Jagajeevan Naam Thumaaraa ||	Your Name is the Life of the world.	ਹੇ ਪ੍ਰਭੂ! ਤੇਰਾ ਨਾਮ ਜਗਤ (ਦੇ ਜੀਵਾਂ) ਨੂੰ ਆਤਮਕ ਜੀਵਨ ਦੇਣ ਵਾਲਾ ਹੈ।
27191	625	ਗੁਰ ਪੂਰੇ ਦੀਓ ਉਪਦੇਸਾ ਜਪਿ ਭਉਜਲੁ ਪਾਰਿ ਉਤਾਰਾ॥ਰਹਾਉ॥		Gur Poorae Dheeou Oupadhaesaa Jap Bhoujal Paar Outhaaraa || Rehaao ||	The Perfect Guru has taught me, that by meditating, I cross over the terrifying world-ocean. ||Pause||	ਪੂਰੇ ਸਤਿਗੁਰੂ ਨੇ (ਜਿਸ ਮਨੁੱਖ ਨੂੰ ਤੇਰਾ ਨਾਮ ਸਿਮਰਨ ਦਾ) ਉਪਦੇਸ਼ ਦਿੱਤਾ, (ਉਹ ਮਨੁੱਖ) ਨਾਮ ਜਪ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ ਰਹਾਉ॥
27192	625	ਤੂਹੈ ਮੰਤ੍ਰੀ ਸੁਨਹਿ ਪ੍ਰਭ ਤੂਹੈ ਸਭੁ ਕਿਛੁ ਕਰਣੈਹਾਰਾ॥	(ਮੰਤ੍ਰੀ) ਵਜ਼ੀਰ	Thoohai Manthree Sunehi Prabh Thoohai Sabh Kishh Karanaihaaraa ||	You are Your own advisor; You hear everything, God, and You do everything.	ਹੇ ਪ੍ਰਭੂ! ਤੂੰ ਆਪ ਹੀ ਆਪਣਾ ਸਲਾਹਕਾਰ ਹੈਂ, ਤੂੰ ਆਪ ਹੀ (ਹਰੇਕ ਜੀਵ ਨੂੰ) ਦਾਤਾਂ ਦੇਣ ਵਾਲਾ ਹੈਂ,

27193	625	ਤੂ ਆਪੇ ਦਾਤਾ ਆਪੇ ਭੁਗਤਾ ਕਿਆ ਇਹੁ ਜੰਤੁ ਵਿਚਾਰਾ॥੨॥		Thoo Aapae Dhaathaa Aapae Bhugathaa Kiaa Eihu Janth Vichaaraa ||2||	You Yourself are the Giver, and You Yourself are the Enjoyer. What can this poor creature do? ||2||	ਤੂੰ ਆਪ ਹੀ (ਹਰੇਕ ਜੀਵ ਵਿਚ ਬੈਠਾ ਪਦਾਰਥਾਂ ਨੂੰ) ਭੋਗਣ ਵਾਲਾ ਹੈਂ। ਇਸ ਜੀਵ ਦੀ ਕੋਈ ਪਾਂਇਆਂ ਨਹੀਂ ਹੈ ॥੨॥
27194	625	ਕਿਆ ਗੁਣ ਤੇਰੇ ਆਖਿ ਵਖਾਣੀ ਕੀਮਤਿ ਕਹਣੁ ਨ ਜਾਈ॥		Kiaa Gun Thaerae Aakh Vakhaanee Keemath Kehan N Jaaee ||	Which of Your Glorious Virtues should I describe and speak of? Your value cannot be described.	ਹੇ ਪ੍ਰਭੂ! ਮੈਂ ਤੇਰੇ ਗੁਣ ਆਖ ਕੇ ਬਿਆਨ ਕਰਨ ਜੋਗਾ ਨਹੀਂ ਹਾਂ। ਤੇਰੀ ਕਦਰ-ਕੀਮਤ ਦੱਸੀ ਨਹੀਂ ਜਾ ਸਕਦੀ।
27195	625	ਪੇਖਿ ਪੇਖਿ ਜੀਵੈ ਪ੍ਰਭੁ ਅਪਨਾ ਅਚਰਜੁ ਤੁਮਹਿ ਵਡਾਈ॥੩॥	ਅ-ਚਰਜੁ	Paekh Paekh Jeevai Prabh Apanaa Acharaj Thumehi Vaddaaee ||3||	I live by beholding, beholding You, O God. Your glorious greatness is wonderful and amazing! ||3||	ਤੇਰਾ ਵਡੱਪਣ ਹੈਰਾਨ ਕਰ ਦੇਣ ਵਾਲਾ ਹੈ। (ਹੇ ਭਾਈ! ਮਨੁੱਖ) ਆਪਣੇ ਪ੍ਰਭੂ ਦਾ ਦਰਸ਼ਨ ਕਰ ਕਰ ਕੇ ਆਤਮਕ ਜੀਵਨ ਪ੍ਰਾਪਤ ਕਰ ਲੈਂਦਾ ਹੈ ॥੩॥
27196	625	ਧਾਰਿ ਅਨੁਗ੍ਰਹੁ ਆਪਿ ਪ੍ਰਭ ਸ੍ਵਾਮੀ ਪਤਿ ਮਤਿ ਕੀਨੀ ਪੂਰੀ॥	(ਅ-ਨੁੱਗ੍ਰਹੁ) ਕ੍ਰਿਪਾ। (ਸ੍ਵਾਮੀ) ਸੁਆਮੀ ਉਚਾਰੋ। ਪਤਿ:ਪੋਲਾ ਬੋਲੋ। ਮੱਤਿ	Dhhaar Anugrahu Aap Prabh Svaamee Path Math Keenee Pooree ||	Granting His Grace, God my Lord and Master Himself saved my honor, and my intellect has been made perfect.	ਹੇ ਪ੍ਰਭੂ! ਹੇ ਸੁਆਮੀ! ਤੂੰ ਆਪ ਹੀ (ਜੀਵ ਉਤੇ) ਕਿਰਪਾ ਕਰ ਕੇ ਉਸ ਨੂੰ (ਲੋਕ ਪਰਲੋਕ ਵਿਚ) ਇੱਜ਼ਤ ਬਖ਼ਸ਼ਦਾ ਹੈਂ, ਉਸ ਨੂੰ ਪੂਰੀ ਅਕਲ ਦੇ ਦੇਂਦਾ ਹੈਂ।

27197	625	ਸਦਾ ਸਦਾ ਨਾਨਕ ਬਲਿਹਾਰੀ ਬਾਛਉ ਸੰਤਾ ਧੂਰੀ॥੪॥੧੩॥੬੩॥		Sadhaa Sadhaa Naanak Balihaaree Baashho Santhaa Dhhooree ||4||13||63||	Forever and ever, Nanak is a sacrifice, longing for the dust of the feet of the Saints. ||4||13||63||	ਹੇ ਨਾਨਕ! (ਆਖ-ਹੇ ਪ੍ਰਭੂ!) ਮੈਂ ਸਦਾ ਹੀ ਤੈਥੋਂ ਕੁਰਬਾਨ ਜਾਂਦਾ ਹਾਂ। ਮੈਂ (ਤੇਰੇ ਦਰ ਤੋਂ) ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ ॥੪॥੧੩॥੬੩॥
27198	625	ਸੋਰਠਿ ਮਃ ੫॥		Sorath Ma 5 ||	Sorat'h, Fifth Mehl:	
27199	625	ਗੁਰੁ ਪੂਰਾ ਨਮਸਕਾਰੇ॥		Gur Pooraa Namasakaarae ||	I bow in reverence to the Perfect Guru.	ਹੇ ਭਾਈ! ਜੇਹੜਾ ਮਨੁੱਖ ਪੂਰੇ ਗੁਰੂ ਦੀ ਸ਼ਰਨ ਪੈਂਦਾ ਹੈ,
27200	625	ਪ੍ਰਭਿ ਸਭੇ ਕਾਜ ਸਵਾਰੇ॥		Prabh Sabhae Kaaj Savaarae ||	God has resolved all my affairs.	(ਯਕੀਨ ਜਾਣੋ ਕਿ) ਪਰਮਾਤਮਾ ਨੇ ਉਸ ਦੇ ਸਾਰੇ ਕੰਮ ਸਵਾਰ ਦਿੱਤੇ,
27201	625	ਹਰਿ ਅਪਣੀ ਕਿਰਪਾ ਧਾਰੀ॥		Har Apanee Kirapaa Dhhaaree ||	The Lord has showered me with His Mercy.	ਪ੍ਰਭੂ ਨੇ ਉਸ ਮਨੁੱਖ ਉੱਤੇ ਮੇਹਰ (ਦੀ ਨਿਗਾਹ) ਕੀਤੀ,
27202	625	ਪ੍ਰਭ ਪੂਰਨ ਪੈਜ ਸਵਾਰੀ॥੧॥		Prabh Pooran Paij Savaaree ||1||	God has perfectly preserved my honor. ||1||	ਤੇ (ਲੋਕ ਪਰਲੋਕ ਵਿਚ) ਉਸ ਦੀ ਲਾਜ ਚੰਗੀ ਤਰ੍ਹਾਂ ਰੱਖ ਲਈ ॥੧॥
27203	625	ਅਪਨੇ ਦਾਸ ਕੋ ਭਇਓ ਸਹਾਈ॥		Apanae Dhaas Ko Bhaeiou Sehaaee ||	He has become the help and support of His slave.	ਹੇ ਭਾਈ! ਪਰਮਾਤਮਾ ਆਪਣੇ ਸੇਵਕ ਦਾ ਮਦਦਗਾਰ ਬਣਦਾ ਹੈ।

27204	625	ਸਗਲ ਮਨੋਰਥ ਕੀਨੇ ਕਰਤੈ ਊਣੀ ਬਾਤ ਨ ਕਾਈ॥ਰਹਾਉ॥		Sagal Manorathh Keenae Karathai Oonee Baath N Kaaee || Rehaao ||	The Creator has achieved all my goals, and now, nothing is lacking. ||Pause||	ਕਰਤਾਰ ਨੇ (ਸਦਾ ਤੋਂ ਹੀ ਆਪਣੇ ਦਾਸ ਦੀਆਂ) ਸਾਰੀਆਂ ਮਨੋ-ਕਾਮਨਾਂ ਪੂਰੀਆਂ ਕੀਤੀਆਂ ਹਨ, ਸੇਵਕ ਨੂੰ (ਕਿਸੇ ਕਿਸਮ ਦੀ) ਕੋਈ ਥੁੜ ਨਹੀਂ ਰਹਿੰਦੀ ਰਹਾਉ॥
27205	625	ਕਰਤੈ ਪੁਰਖਿ ਤਾਲੁ ਦਿਵਾਇਆ॥	(ਤਾਲੁ) ਨਾਮ ਖਜ਼ਾਨਾ	Karathai Purakh Thaal Dhivaaeiaa ||	The Creator Lord has caused the pool of nectar to be constructed.	(ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈਂਦਾ ਹੈ) ਸਰਬ-ਵਿਆਪਕ ਕਰਤਾਰ ਨੇ (ਉਸ ਨੂੰ ਗੁਰੂ ਦੀ ਰਾਹੀਂ) ਗੁਪਤ ਨਾਮ-ਖ਼ਜ਼ਾਨਾ ਦਿਵਾ ਦਿੱਤਾ,
27206	625	ਪਿਛੈ ਲਗਿ ਚਲੀ ਮਾਇਆ॥		Pishhai Lag Chalee Maaeiaa ||	The wealth of Maya follows in my footsteps,	(ਉਸ ਨੂੰ ਮਾਇਆ ਦੀ ਲਾਲਸਾ ਨਹੀਂ ਰਹਿ ਜਾਂਦੀ) ਮਾਇਆ ਉਸ ਦੇ ਪਿੱਛੇ ਪਿੱਛੇ ਤੁਰੀ ਫਿਰਦੀ ਹੈ।
27207	625	ਤੋਟਿ ਨ ਕਤਹੂ ਆਵੈ॥		Thott N Kathehoo Aavai ||	And now, nothing is lacking at all.	(ਮਾਇਆ ਵਲੋਂ ਉਸ ਨੂੰ) ਕਿਤੇ ਭੀ ਘਾਟ ਮਹਿਸੂਸ ਨਹੀਂ ਹੁੰਦੀ।
27208	625	ਮੇਰੇ ਪੂਰੇ ਸਤਗੁਰ ਭਾਵੈ॥੨॥		Maerae Poorae Sathagur Bhaavai ||2||	This is pleasing to my Perfect True Guru. ||2||	ਮੇਰੇ ਪੂਰੇ ਸਤਿਗੁਰੂ ਨੂੰ (ਉਸ ਵਡ-ਭਾਗੀ ਮਨੁੱਖ ਵਾਸਤੇ ਇਹੀ ਗੱਲ) ਚੰਗੀ ਲੱਗਦੀ ਹੈ ॥੨॥
27209	625	ਸਿਮਰਿ ਸਿਮਰਿ ਦਇਆਲਾ॥		Simar Simar Dhaeiaalaa ||	Remembering, remembering the Merciful Lord in meditation,	ਹੇ ਭਾਈ! ਦਇਆ ਦੇ ਘਰ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ (ਸਿਮਰਨ ਕਰਨ ਵਾਲੇ)
27210	625	ਸਭਿ ਜੀਅ ਭਏ ਕਿਰਪਾਲਾ॥		Sabh Jeea Bheae Kirapaalaa ||	All beings have become kind and compassionate to me.	ਸਾਰੇ ਹੀ ਜੀਵ ਉਸ ਦਇਆ-ਸਰੂਪ ਪ੍ਰਭੂ ਦਾ ਰੂਪ ਬਣ ਜਾਂਦੇ ਹਨ।

27211	625	ਜੈ ਜੈਕਾਰੁ ਗੁਸਾਈ॥		Jai Jai Kaar Gusaaee ||	Hail! Hail to the Lord of the world,	(ਇਸ ਵਾਸਤੇ, ਹੇ ਭਾਈ!) ਉਸ ਸ੍ਰਿਸ਼ਟੀ ਦੇ ਮਾਲਕ-ਪ੍ਰਭੂ ਦੀ ਸਿਫ਼ਤ-ਸਾਲਾਹ ਕਰਦੇ ਰਿਹਾ ਕਰੋ,
27212	625	ਜਿਨਿ ਪੂਰੀ ਬਣਤ ਬਣਾਈ॥੩॥		Jin Pooree Banath Banaaee ||3||	Who created the perfect creation. ||3||	ਜਿਸ ਨੇ (ਜੀਵਾਂ ਨੂੰ ਆਪਣੇ ਨਾਲ ਮਿਲਾਣ ਦੀ) ਇਹ ਸੋਹਣੀ ਵਿਓਂਤ ਬਣਾ ਦਿੱਤੀ ਹੈ ॥੩॥
27213	625	ਤੂ ਭਾਰੋ ਸੁਆਮੀ ਮੋਰਾ॥		Thoo Bhaaro Suaamee Moraa ||	You are my Great Lord and Master.	ਹੇ ਪ੍ਰਭੂ! ਤੂੰ ਮੇਰਾ ਵੱਡਾ ਮਾਲਕ ਹੈਂ।
27214	625	ਇਹੁ ਪੁੰਨੁ ਪਦਾਰਥੁ ਤੇਰਾ॥		Eihu Punn Padhaarathh Thaeraa ||	These blessings and wealth are Yours.	ਤੇਰਾ ਨਾਮ-ਪਦਾਰਥ (ਜੋ ਮੈਨੂੰ ਗੁਰੂ ਦੀ ਰਾਹੀਂ ਮਿਲਿਆ ਹੈ) ਤੇਰੀ ਹੀ ਬਖ਼ਸ਼ਸ਼ ਹੈ।
27215	625	ਜਨ ਨਾਨਕ ਏਕੁ ਧਿਆਇਆ॥		Jan Naanak Eaek Dhhiaaeiaa ||	Servant Nanak has meditated on the One Lord;	ਹੇ ਦਾਸ ਨਾਨਕ! (ਆਖ-) ਜਿਸ ਮਨੁੱਖ ਨੇ (ਗੁਰੂ ਦੀ ਸ਼ਰਨ ਪੈ ਕੇ) ਪਰਮਾਤਮਾ ਦਾ ਸਿਮਰਨਾ ਸ਼ੁਰੂ ਕਰ ਦਿੱਤਾ,
27216	625	ਸਰਬ ਫਲਾ ਪੁੰਨੁ ਪਾਇਆ॥੪॥੧੪॥੬੪॥		Sarab Falaa Punn Paaeiaa ||4||14||64||	He has obtained the fruitful rewards for all good deeds. ||4||14||64||	ਉਸ ਨੇ ਸਾਰੇ ਫਲ ਦੇਣ ਵਾਲੀ (ਰੱਬੀ) ਬਖ਼ਸ਼ਸ਼ ਪ੍ਰਾਪਤ ਕਰ ਲਈ ॥੪॥੧੪॥੬੪॥
27217	625	ਸੋਰਠਿ ਮਹਲਾ ੫ ਘਰੁ ੩ ਦੁਪਦੇ		Sorath Mehalaa 5 Ghar 3 Dhupadhae	Sorat'h, Fifth Mehl, Third House, Du-Padas:	ਰਾਗ ਸੋਰਠਿ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
27218	625	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

27219	625	ਰਾਮਦਾਸ ਸਰੋਵਰਿ ਨਾਤੇ॥		Raamadhaas Sarovar Naathae ||	Bathing in the nectar tank of Ram Das,	ਹੇ ਭਾਈ! ਜੇਹੜੇ ਮਨੁੱਖ ਰਾਮ ਦੇ ਦਾਸਾਂ ਦੇ ਸਰੋਵਰ ਵਿਚ (ਸਾਧ ਸੰਗਤਿ ਵਿਚ ਨਾਮ-ਅੰਮ੍ਰਿਤ ਨਾਲ) ਇਸ਼ਨਾਨ ਕਰਦੇ ਹਨ,
27220	625	ਸਭਿ ਉਤਰੇ ਪਾਪ ਕਮਾਤੇ॥		Sabh Outharae Paap Kamaathae ||	All sins are erased.	ਉਹਨਾਂ ਦੇ (ਪਿਛਲੇ) ਕੀਤੇ ਹੋਏ ਸਾਰੇ ਪਾਪ ਲਹਿ ਜਾਂਦੇ ਹਨ।
27221	625	ਨਿਰਮਲ ਹੋਏ ਕਰਿ ਇਸਨਾਨਾ॥		Niramal Hoeae Kar Eisanaanaa ||	One becomes immaculately pure, taking this cleansing bath.	(ਹਰਿ-ਨਾਮ-ਜਲ ਨਾਲ) ਇਸ਼ਨਾਨ ਕਰ ਕੇ ਉਹ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ।
27222	625	ਗੁਰਿ ਪੂਰੈ ਕੀਨੇ ਦਾਨਾ॥੧॥		Gur Poorai Keenae Dhaanaa ||1||	The Perfect Guru has bestowed this gift. ||1||	ਪਰ ਇਹ ਬਖ਼ਸ਼ਸ਼ ਪੂਰੇ ਗੁਰੂ ਨੇ ਹੀ ਕੀਤੀ ਹੁੰਦੀ ਹੈ ॥੧॥
27223	625	ਸਭਿ ਕੁਸਲ ਖੇਮ ਪ੍ਰਭਿ ਧਾਰੇ॥		Sabh Kusal Khaem Prabh Dhhaarae ||	God has blessed all with peace and pleasure.	ਹੇ ਭਾਈ! (ਉਸ ਮਨੁੱਖ ਦੇ ਹਿਰਦੇ ਵਿਚ) ਪ੍ਰਭੂ ਨੇ ਸਾਰੇ ਆਤਮਕ ਸੁਖ ਆਨੰਦ ਪੈਦਾ ਕਰ ਦਿੱਤੇ,
27224	625	ਸਹੀ ਸਲਾਮਤਿ ਸਭਿ ਥੋਕ ਉਬਾਰੇ ਗੁਰ ਕਾ ਸਬਦੁ ਵੀਚਾਰੇ॥ ਰਹਾਉ॥		Sehee Salaamath Sabh Thhok Oubaarae Gur Kaa Sabadh Veechaarae || Rehaao ||	Everything is safe and sound, as we contemplate the Word of the Guru's Shabad. ||Pause||	ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਨੂੰ ਆਪਣੀ ਸੋਚ-ਮੰਡਲ ਵਿਚ ਟਿਕਾ ਕੇ ਆਤਮਕ ਜੀਵਨ ਦੇ ਸਾਰੇ ਗੁਣ (ਵਿਕਾਰਾਂ ਦੇ ਢਹੇ ਚੜ੍ਹਨ ਤੋਂ) ਠੀਕ-ਠਾਕ ਬਚਾ ਲਏ ਰਹਾਉ॥
27225	625	ਸਾਧਸੰਗਿ ਮਲੁ ਲਾਥੀ॥	ਮਲੁ:ਪੋਲਾ ਬੋਲੋ	Saadhhasang Mal Laathhee ||	In the Saadh Sangat, the Company of the Holy, filth is washed off.	ਹੇ ਭਾਈ! ਸਾਧ ਸੰਗਤਿ ਵਿਚ (ਟਿਕਿਆਂ) ਵਿਕਾਰਾਂ ਦੀ ਮੈਲ ਦੂਰ ਹੋ ਜਾਂਦੀ ਹੈ,

27226	625	ਪਾਰਬ੍ਰਹਮੁ ਭਇਓ ਸਾਥੀ॥		Paarabreham Bhaeiou Saathhee ||	The Supreme Lord God has become our friend and helper.	(ਸਾਧ ਸੰਗਤਿ ਦੀ ਬਰਕਤਿ ਨਾਲ) ਪਰਮਾਤਮਾ ਮਦਦਗਾਰ ਬਣ ਜਾਂਦਾ ਹੈ।
27227	625	ਨਾਨਕ ਨਾਮੁ ਧਿਆਇਆ॥		Naanak Naam Dhhiaaeiaa ||	Nanak meditates on the Naam, the Name of the Lord.	ਹੇ ਨਾਨਕ! (ਜਿਸ ਮਨੁੱਖ ਨੇ ਰਾਮਦਾਸ-ਸਰੋਵਰ ਵਿਚ ਆ ਕੇ) ਪਰਮਾਤਮਾ ਦਾ ਨਾਮ ਸਿਮਰਿਆ,
27228	625	ਆਦਿ ਪੁਰਖ ਪ੍ਰਭੁ ਪਾਇਆ॥੨॥੧॥੬੫॥		Aadh Purakh Prabh Paaeiaa ||2||1||65||	He has found God, the Primal Being. ||2||1||65||	ਉਸ ਨੇ ਉਸ ਪ੍ਰਭੂ ਨੂੰ ਲੱਭ ਲਿਆ ਜੋ ਸਭ ਦਾ ਮੁੱਢ ਹੈ ਅਤੇ ਜੋ ਸਰਬ-ਵਿਆਪਕ ਹੈ ॥੨॥੧॥੬੫॥
27229	625	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27230	625	ਜਿਤੁ ਪਾਰਬ੍ਰਹਮੁ ਚਿਤਿ ਆਇਆ॥		Jith Paarabreham Chith Aaeiaa ||	The Supreme Lord God has established that home,	ਹੇ ਭਾਈ! ਜਿਸ ਦੇ ਹਿਰਦੇ-ਘਰ ਵਿਚ ਪਰਮਾਤਮਾ ਆ ਵੱਸਿਆ ਹੈ,
27231	625	ਸੋ ਘਰੁ ਦਹਿ ਵਸਾਇਆ॥	ਦ-ਯਿ:ਦ ਮੁਕਤਾ ਯਿ ਸਿਹਾਰੀ ਸਹਿਤ, ਤਾਲੂ ਤੋਂ ਬੋਲੋ	So Ghar Dhay Vasaaeiaa ||	In which He comes to mind.	ਪ੍ਰੀਤਮ-ਪ੍ਰਭੂ ਨੇ ਉਹ ਹਿਰਦਾ-ਘਰ (ਆਤਮਕ ਗੁਣਾਂ ਨਾਲ) ਭਰਪੂਰ ਕਰ ਦਿੱਤਾ।
27232	626	ਸੁਖਸਾਗਰੁ ਗੁਰੁ ਪਾਇਆ॥		Sukh Saagar Gur Paaeiaa ||	I found the Guru, the ocean of peace,	ਹੇ ਭਾਈ! (ਜਦੋਂ ਕਿਸੇ ਵਡ-ਭਾਗੀ ਨੂੰ) ਸੁਖਾਂ ਦਾ ਸਮੁੰਦਰ ਗੁਰੂ ਮਿਲ ਪਿਆ,
27233	626	ਤਾ ਸਹਸਾ ਸਗਲ ਮਿਟਾਇਆ॥੧॥		Thaa Sehasaa Sagal Mittaaeiaa ||1||	And all my doubts were dispelled. ||1||	ਤਦੋਂ ਉਸ ਨੇ ਆਪਣਾ ਸਾਰਾ ਸਹਿਮ ਦੂਰ ਕਰ ਲਿਆ ॥੧॥
27234	626	ਹਰਿ ਕੇ ਨਾਮ ਕੀ ਵਡਿਆਈ॥		Har Kae Naam Kee Vaddiaaee ||	This is the glorious greatness of the Naam.	ਹੇ ਭਾਈ! ਪਰਮਾਤਮਾ ਦੇ ਨਾਮ ਦੀ ਸਿਫ਼ਤ-ਸਾਲਾਹ ਕਰਨੀ,

27235	626	ਆਠ ਪਹਰ ਗੁਣ ਗਾਈ॥		Aath Pehar Gun Gaaee ||	Twenty-four hours a day, I sing His Glorious Praises.	ਅੱਠੇ ਪਹਿਰ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਣੇ-
27236	626	ਗੁਰ ਪੂਰੇ ਤੇ ਪਾਈ॥ਰਹਾਉ॥		Gur Poorae Thae Paaee || Rehaao ||	I obtained this from the Perfect Guru. ||Pause||	(ਇਹ ਦਾਤਿ) ਪੂਰੇ ਗੁਰੂ ਤੋਂ ਹੀ ਮਿਲਦੀ ਹੈ ਰਹਾਉ॥
27237	626	ਪ੍ਰਭ ਕੀ ਅਕਥ ਕਹਾਣੀ॥	ਅ-ਕ:ਪੋਲਾ ਬੋਲੋ	Prabh Kee Akathh Kehaanee ||	God's sermon is inexpressible.	ਹੇ ਭਾਈ! ਪਰਮਾਤਮਾ ਦੇ ਸਰੂਪ ਦੀ ਗੱਲ-ਬਾਤ ਦੱਸੀ ਨਹੀਂ ਜਾ ਸਕਦੀ।
27238	626	ਜਨ ਬੋਲਹਿ ਅੰਮ੍ਰਿਤ ਬਾਣੀ॥		Jan Bolehi Anmrith Baanee ||	His humble servants speak words of Ambrosial Nectar.	ਪ੍ਰਭੂ ਦੇ ਸੇਵਕ ਆਤਮਕ ਜੀਵਨ ਦੇਣ ਵਾਲੀ ਸਿਫ਼ਤ-ਸਾਲਾਹ ਦੀ ਬਾਣੀ ਉਚਾਰਦੇ ਰਹਿੰਦੇ ਹਨ।
27239	626	ਨਾਨਕ ਦਾਸ ਵਖਾਣੀ॥		Naanak Dhaas Vakhaanee ||	Slave Nanak has spoken.	ਹੇ ਨਾਨਕ! ਉਹੀ ਸੇਵਕ ਇਹ ਬਾਣੀ ਉਚਾਰਦੇ ਹਨ,
27240	626	ਗੁਰ ਪੂਰੇ ਤੇ ਜਾਣੀ॥੨॥੨॥੬੬॥		Gur Poorae Thae Jaanee ||2||2||66||	Through the Perfect Guru, it is known. ||2||2||66||	ਜਿਨ੍ਹਾਂ ਨੇ ਪੂਰੇ ਗੁਰੂ ਪਾਸੋਂ ਇਹ ਸਮਝ ਹਾਸਲ ਕੀਤੀ ਹੈ ॥੨॥੨॥੬੬॥
27241	626	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27242	626	ਆਗੈ ਸੁਖੁ ਗੁਰਿ ਦੀਆ॥		Aagai Sukh Gur Dheeaa ||	The Guru has blessed me with peace here,	ਹੇ ਸੰਤ ਜਨੋ! ਗੁਰੂ ਨੇ ਉਸ ਮਨੁੱਖ ਨੂੰ ਅਗਾਂਹ ਆਉਣ ਵਾਲੇ ਜੀਵਨ-ਰਾਹ ਵਿਚ ਸੁੱਖ ਬਖ਼ਸ਼ ਦਿੱਤਾ,

27243	626	ਪਾਛੈ ਕੁਸਲ ਖੇਮ ਗੁਰਿ ਕੀਆ॥		Paashhai Kusal Khaem Gur Keeaa ||	And the Guru has arranged peace and pleasure for me hereafter.	ਬੀਤੇ ਸਮੇ ਵਿਚ ਭੀ ਗੁਰੂ ਨੇ ਉਸ ਨੂੰ ਸੁਖ ਆਨੰਦ ਬਖ਼ਸ਼ਿਆ,
27244	626	ਸਰਬ ਨਿਧਾਨ ਸੁਖ ਪਾਇਆ॥		Sarab Nidhhaan Sukh Paaeiaa ||	I have all treasures and comforts,	ਉਸ ਨੇ ਸਾਰੇ (ਆਤਮਕ) ਖ਼ਜ਼ਾਨੇ ਸਾਰੇ ਆਨੰਦ ਪ੍ਰਾਪਤ ਕਰ ਲਏ,
27245	626	ਗੁਰੁ ਅਪਨਾ ਰਿਦੈ ਧਿਆਇਆ॥੧॥		Gur Apunaa Ridhai Dhhiaaeiaa ||1||	Meditating on the Guru in my heart. ||1||	ਜਿਸ ਮਨੁੱਖ ਨੇ ਆਪਣੇ ਗੁਰੂ ਨੂੰ (ਆਪਣੇ) ਹਿਰਦੇ ਵਿਚ ਵਸਾ ਲਿਆ ॥੧॥
27246	626	ਅਪਨੇ ਸਤਿਗੁਰ ਕੀ ਵਡਿਆਈ॥		Apanae Sathigur Kee Vaddiaaee ||	This is the glorious greatness of my True Guru;	(ਵੇਖੋ) ਆਪਣੇ ਗੁਰੂ ਦੀ ਉੱਚੀ ਆਤਮਕ ਅਵਸਥਾ,
27247	626	ਮਨ ਇਛੇ ਫਲ ਪਾਈ॥		Man Eishhae Fal Paaee ||	I have obtained the fruits of my mind's desires.	(ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈਂਦਾ ਹੈ, ਉਹ) ਮਨ-ਮੰਗੀਆਂ ਮੁਰਾਦਾਂ ਪ੍ਰਾਪਤ ਕਰ ਲੈਂਦਾ ਹੈ।
27248	626	ਸੰਤਹੁ ਦਿਨੁ ਦਿਨੁ ਚੜੈ ਸਵਾਈ॥ਰਹਾਉ॥	ਚੜੈ	Santhahu Dhin Dhin Charrai Savaaee || Rehaao ||	O Saints, His Glory increases day by day. ||Pause||	ਹੇ ਸੰਤ ਜਨੋ! ਗੁਰੂ ਦੀ ਇਹ ਉਦਾਰਤਾ ਦਿਨੇ ਦਿਨ ਵਧਦੀ ਚਲੀ ਜਾਂਦੀ ਹੈ ਰਹਾਉ॥
27249	626	ਜੀਅ ਜੰਤ ਸਭਿ ਭਏ ਦਇਆਲਾ ਪ੍ਰਭਿ ਅਪਨੇ ਕਰਿ ਦੀਨੇ॥		Jeea Janth Sabh Bheae Dhaeiaalaa Prabh Apanae Kar Dheenae ||	All beings and creatures have become kind and compassionate to me; my God has made them so.	ਹੇ ਸੰਤ ਜਨੋ! (ਜੇਹੜੇ ਭੀ ਜੀਵ ਗੁਰੂ ਦੀ ਸ਼ਰਨ ਪੈਂਦੇ ਹਨ ਉਹ) ਸਾਰੇ ਹੀ ਜੀਵ ਦਇਆ-ਭਰਪੂਰ (ਹਿਰਦੇ ਵਾਲੇ) ਹੋ ਜਾਂਦੇ ਹਨ, ਪ੍ਰਭੂ ਉਹਨਾਂ ਨੂੰ ਆਪਣੇ ਬਣਾ ਲੈਂਦਾ ਹੈ।

27250	626	ਸਹਜ ਸੁਭਾਇ ਮਿਲੇ ਗੋਪਾਲਾ ਨਾਨਕ ਸਾਚਿ ਪਤੀਨੇ॥੨॥੩॥੬੭॥		Sehaj Subhaae Milae Gopaalaa Naanak Saach Patheenae ||2||3||67||	Nanak has met with the Lord of the world with intuitive ease, and with Truth, he is pleased. ||2||3||67||	ਹੇ ਨਾਨਕ! (ਅੰਦਰ ਪੈਦਾ ਹੋ ਚੁਕੀ) ਆਤਮਕ ਅਡੋਲਤਾ ਤੇ ਪ੍ਰੀਤਿ ਦੇ ਕਾਰਨ ਉਹਨਾਂ ਨੂੰ ਸ੍ਰਿਸ਼ਟੀ ਦਾ ਪਾਲਕ-ਪ੍ਰਭੂ ਮਿਲ ਪੈਂਦਾ ਹੈ, ਉਹ ਸਦਾ-ਥਿਰ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਮਗਨ ਰਹਿੰਦੇ ਹਨ ॥੨॥੩॥੬੭॥
27251	626	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27252	626	ਗੁਰ ਕਾ ਸਬਦੁ ਰਖਵਾਰੇ॥		Gur Kaa Sabadh Rakhavaarae ||	The Word of the Guru's Shabad is my Saving Grace.	(ਹੇ ਭਾਈ! ਵਿਕਾਰਾਂ ਦੇ ਟਾਕਰੇ ਤੇ) ਗੁਰੂ ਦਾ ਸ਼ਬਦ ਹੀ ਅਸਾਂ ਜੀਵਾਂ ਦਾ ਰਾਖਾ ਹੈ,
27253	626	ਚਉਕੀ ਚਉਗਿਰਦ ਹਮਾਰੇ॥	ਗੁਰਸਬਦਾਂ ਦੀ (ਚਉੱਕੀ) ਰੱਖਵਾਰੀ। (ਚਉਗਿਰਦ) ਚਾਰੇ ਪਾਸੇ। ਚਉੱਕੀ ਕਸਕੇ	Choukee Chougiradh Hamaarae ||	It is a guardian posted on all four sides around me.	ਸ਼ਬਦ ਹੀ (ਸਾਨੂੰ ਵਿਕਾਰਾਂ ਤੋਂ ਬਚਾਣ ਲਈ) ਸਾਡੇ ਚੁਫੇਰੇ ਪਹਿਰਾ ਹੈ।
27254	626	ਰਾਮ ਨਾਮਿ ਮਨੁ ਲਾਗਾ॥		Raam Naam Man Laagaa ||	My mind is attached to the Lord's Name.	(ਗੁਰ-ਸ਼ਬਦ ਦੀ ਬਰਕਤਿ ਨਾਲ ਜਿਸ ਮਨੁੱਖ ਦਾ) ਮਨ ਪਰਮਾਤਮਾ ਦੇ ਨਾਮ ਵਿਚ ਜੁੜਦਾ ਹੈ,
27255	626	ਜਮੁ ਲਜਾਇ ਕਰਿ ਭਾਗਾ॥੧॥	(ਲੱਜਾਇ) ਸ਼ਰਮਾ ਕੇ	Jam Lajaae Kar Bhaagaa ||1||	The Messenger of Death has run away in shame. ||1||	ਉਸ ਪਾਸੋਂ (ਵਿਕਾਰ ਤਾਂ ਕਿਤੇ ਰਹੇ) ਜਮ (ਭੀ) ਸ਼ਰਮਿੰਦਾ ਹੋ ਕੇ ਭੱਜ ਜਾਂਦਾ ਹੈ ॥੧॥
27256	626	ਪ੍ਰਭ ਜੀ ਤੂ ਮੇਰੋ ਸੁਖਦਾਤਾ॥		Prabh Jee Thoo Maero Sukhadhaathaa ||	O Dear Lord, You are my Giver of peace.	ਹੇ ਪ੍ਰਭੂ ਜੀ! ਮੇਰੇ ਵਾਸਤੇ ਤਾਂ ਤੂੰ ਹੀ ਸੁਖਾਂ ਦਾ ਦਾਤਾ ਹੈਂ।

27257	626	ਬੰਧਨ ਕਾਟਿ ਕਰੇ ਮਨੁ ਨਿਰਮਲੁ ਪੂਰਨ ਪੁਰਖੁ ਬਿਧਾਤਾ॥ਰਹਾਉ॥		Bandhhan Kaatt Karae Man Niramal Pooran Purakh Bidhhaathaa || Rehaao ||	The Perfect Lord, the Architect of Destiny, has shattered my bonds, and made my mind immaculately pure. ||Pause||	(ਹੇ ਭਾਈ! ਜੇਹੜਾ ਮਨੁੱਖ ਪ੍ਰਭੂ ਦੇ ਨਾਮ ਵਿਚ ਮਨ ਜੋੜਦਾ ਹੈ) ਸਰਬ-ਵਿਆਪਕ ਸਿਰਜਣਹਾਰ ਪ੍ਰਭੂ (ਉਸ ਦੇ ਮਾਇਆ ਦੇ ਮੋਹ ਆਦਿਕ ਦੇ ਸਾਰੇ) ਬੰਧਨ ਕੱਟ ਕੇ ਉਸ ਦੇ ਮਨ ਨੂੰ ਪਵਿਤ੍ਰ ਕਰ ਦੇਂਦਾ ਹੈ ਰਹਾਉ॥
27258	626	ਨਾਨਕ ਪ੍ਰਭੁ ਅਬਿਨਾਸੀ॥		Naanak Prabh Abinaasee ||	O Nanak, God is eternal and imperishable.	ਅਬਿਨਾਸ਼ੀ ਪ੍ਰਭੂ (ਐਸਾ ਉਦਾਰ-ਚਿੱਤ ਹੈ ਕਿ)
27259	626	ਤਾ ਕੀ ਸੇਵ ਨ ਬਿਰਥੀ ਜਾਸੀ॥		Thaa Kee Saev N Birathhee Jaasee ||	Service to Him shall never go unrewarded.	ਉਸ ਦੀ ਕੀਤੀ ਹੋਈ ਸੇਵਾ-ਭਗਤੀ ਖ਼ਾਲੀ ਨਹੀਂ ਜਾਂਦੀ।
27260	626	ਅਨਦ ਕਰਹਿ ਤੇਰੇ ਦਾਸਾ॥		Anadh Karehi Thaerae Dhaasaa ||	Your slaves are in bliss;	ਹੇ ਪ੍ਰਭੂ! ਤੇਰੇ ਸੇਵਕ (ਸਦਾ) ਆਤਮਕ ਆਨੰਦ ਮਾਣਦੇ ਹਨ,
27261	626	ਜਪਿ ਪੂਰਨ ਹੋਈ ਆਸਾ॥੨॥੪॥੬੮॥		Jap Pooran Hoee Aasaa ||2||4||68||	Chanting and meditating, their desires are fulfilled. ||2||4||68||	ਹੇ ਨਾਨਕ! (ਆਖ-) ਤੇਰਾ ਨਾਮ ਜਪ ਕੇ ਉਹਨਾਂ ਦੀ ਹਰੇਕ ਮਨੋ-ਕਾਮਨਾ ਪੂਰੀ ਹੋ ਜਾਂਦੀ ਹੈ ॥੨॥੪॥੬੮॥
27262	626	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27263	626	ਗੁਰ ਅਪੁਨੇ ਬਲਿਹਾਰੀ॥		Gur Apunae Balihaaree ||	I am a sacrifice to my Guru.	ਹੇ ਸੰਤ ਜਨੋ! ਮੈਂ ਆਪਣੇ ਗੁਰੂ ਤੋਂ ਕੁਰਬਾਨ ਜਾਂਦਾ ਹਾਂ,
27264	626	ਜਿਨਿ ਪੂਰਨ ਪੈਜ ਸਵਾਰੀ॥		Jin Pooran Paij Savaaree ||	He has totally preserved my honor.	ਜਿਸ ਨੇ (ਪ੍ਰਭੂ ਦੇ ਨਾਮ ਦੀ ਦਾਤਿ ਦੇ ਕੇ) ਪੂਰੀ ਤਰ੍ਹਾਂ (ਮੇਰੀ) ਇੱਜ਼ਤ ਰੱਖ ਲਈ ਹੈ।

27265	626	ਮਨ ਚਿੰਦਿਆ ਫਲੁ ਪਾਇਆ॥		Man Chindhiaa Fal Paaeiaa ||	I have obtained the fruits of my mind's desires.	ਹੇ ਭਾਈ! ਉਹ ਮਨੁੱਖ ਮਨ-ਮੰਗੀਆਂ ਮੁਰਾਦਾਂ ਪ੍ਰਾਪਤ ਕਰ ਲੈਂਦਾ ਹੈ,
27266	626	ਪ੍ਰਭੁ ਅਪੁਨਾ ਸਦਾ ਧਿਆਇਆ॥੧॥		Prabh Apunaa Sadhaa Dhhiaaeiaa ||1||	I meditate forever on my God. ||1||	ਜੇਹੜਾ ਸਦਾ ਆਪਣੇ ਪ੍ਰਭੂ ਦਾ ਧਿਆਨ ਧਰਦਾ ਹੈ ॥੧॥
27267	626	ਸੰਤਹੁ ਤਿਸੁ ਬਿਨੁ ਅਵਰੁ ਨ ਕੋਈ॥		Santhahu This Bin Avar N Koee ||	O Saints, without Him, there is no other at all.	ਹੇ ਸੰਤ ਜਨੋ! ਉਸ ਪਰਮਾਤਮਾ ਤੋਂ ਬਿਨਾ (ਜੀਵਾਂ ਦਾ) ਕੋਈ ਹੋਰ (ਰਾਖਾ) ਨਹੀਂ।
27268	626	ਕਰਣ ਕਾਰਣ ਪ੍ਰਭੁ ਸੋਈ॥ਰਹਾਉ॥		Karan Kaaran Prabh Soee || Rehaao ||	He is God, the Cause of causes. ||Pause||	ਉਹੀ ਪਰਮਾਤਮਾ ਜਗਤ ਦਾ ਮੂਲ ਹੈ ਰਹਾਉ॥
27269	626	ਪ੍ਰਭਿ ਅਪਨੈ ਵਰ ਦੀਨੇ॥		Prabh Apanai Var Dheenae ||	My God has given me His Blessing.	ਹੇ ਸੰਤ ਜਨੋ! ਪਿਆਰੇ ਪ੍ਰਭੂ ਨੇ (ਜੀਵਾਂ ਨੂੰ) ਸਭ ਬਖ਼ਸ਼ਸ਼ਾਂ ਕੀਤੀਆਂ ਹੋਈਆਂ ਹਨ,
27270	626	ਸਗਲ ਜੀਅ ਵਸਿ ਕੀਨੇ॥	ਵੱਸਿ	Sagal Jeea Vas Keenae ||	He has made all creatures subject to me.	ਸਾਰੇ ਜੀਵਾਂ ਨੂੰ ਉਸ ਨੇ ਆਪਣੇ ਵੱਸ ਵਿਚ ਕਰ ਰੱਖਿਆ ਹੋਇਆ ਹੈ।
27271	626	ਜਨ ਨਾਨਕ ਨਾਮੁ ਧਿਆਇਆ॥		Jan Naanak Naam Dhhiaaeiaa ||	Servant Nanak meditates on the Naam, the Name of the Lord,	ਹੇ ਦਾਸ ਨਾਨਕ! (ਆਖ-ਜਦੋਂ ਭੀ ਕਿਸੇ ਨੇ) ਪਰਮਾਤਮਾ ਦਾ ਨਾਮ ਸਿਮਰਿਆ,
27272	626	ਤਾ ਸਗਲੇ ਦੂਖ ਮਿਟਾਇਆ॥੨॥੫॥੬੯॥		Thaa Sagalae Dhookh Mittaaeiaa ||2||5||69||	And all his sorrows depart. ||2||5||69||	ਤਦੋਂ ਉਸ ਨੇ ਆਪਣੇ ਸਾਰੇ ਦੁੱਖ ਦੂਰ ਕਰ ਲਏ ॥੨॥੫॥੬੯॥
27273	626	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

27274	626	ਤਾਪੁ ਗਵਾਇਆ ਗੁਰਿ ਪੂਰੇ॥		Thaap Gavaaeiaa Gur Poorae ||	The Perfect Guru has dispelled the fever.	ਪੂਰੇ ਗੁਰੂ ਨੇ (ਹਰਿ-ਨਾਮ ਦੀ ਦਵਾਈ ਦੇ ਕੇ ਜਿਸ ਮਨੁੱਖ ਦੇ ਅੰਦਰੋਂ) ਤਾਪ ਦੂਰ ਕਰ ਦਿੱਤਾ,
27275	626	ਵਾਜੇ ਅਨਹਦ ਤੂਰੇ॥		Vaajae Anehadh Thoorae ||	The unstruck melody of the sound current resounds.	(ਉਸ ਦੇ ਅੰਦਰ ਆਤਮਕ ਆਨੰਦ ਦੇ, ਮਾਨੋ) ਇਕ-ਰਸ ਵਾਜੇ ਵੱਜਣ ਲੱਗ ਪਏ।
27276	626	ਸਰਬ ਕਲਿਆਣ ਪ੍ਰਭਿ ਕੀਨੇ॥		Sarab Kaliaan Prabh Keenae ||	God has bestowed all comforts.	ਪ੍ਰਭੂ ਨੇ ਸਾਰੇ ਸੁਖ ਆਨੰਦ ਆਨੰਦ ਬਖ਼ਸ਼ ਦਿੱਤੇ।
27277	626	ਕਰਿ ਕਿਰਪਾ ਆਪਿ ਦੀਨੇ॥੧॥		Kar Kirapaa Aap Dheenae ||1||	In His Mercy, He Himself has given them. ||1||	ਉਸ ਨੇ ਕਿਰਪਾ ਕਰ ਕੇ ਆਪ ਹੀ ਇਹ ਸੁਖ ਬਖ਼ਸ਼ ਦਿੱਤੇ ॥੧॥
27278	626	ਬੇਦਨ ਸਤਿਗੁਰਿ ਆਪਿ ਗਵਾਈ॥	(ਬੇਦਨ) ਪੀੜ	Baedhan Sathigur Aap Gavaaee ||	The True Guru Himself has eradicated the disease.	ਹੇ ਭਾਈ! (ਜਿਸ ਨੇ ਭੀ ਪਰਮਾਤਮਾ ਦਾ ਨਾਮ ਸਿਮਰਿਆ) ਗੁਰੂ ਨੇ ਆਪ (ਉਸ ਦੀ ਹਰੇਕ) ਪੀੜਾ ਦੂਰ ਕਰ ਦਿੱਤੀ।
27279	626	ਸਿਖ ਸੰਤ ਸਭਿ ਸਰਸੇ ਹੋਏ ਹਰਿ ਹਰਿ ਨਾਮੁ ਧਿਆਈ॥ਰਹਾਉ॥	(ਸਰਸੇ) ਰਸ ਸਹਿਤ	Sikh Santh Sabh Sarasae Hoeae Har Har Naam Dhhiaaee || Rehaao ||	All the Sikhs and Saints are filled with joy, meditating on the Name of the Lord, Har, Har. ||Pause||	ਸਾਰੇ ਸਿੱਖ ਸੰਤ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਆਨੰਦ-ਭਰਪੂਰ ਹੋਏ ਰਹਿੰਦੇ ਹਨ ਰਹਾਉ॥
27280	626	ਜੋ ਮੰਗਹਿ ਸੋ ਲੇਵਹਿ॥		Jo Mangehi So Laevehi ||	They obtain that which they ask for.	ਹੇ ਪ੍ਰਭੂ! (ਤੇਰੇ ਦਰ ਤੋਂ ਤੇਰੇ ਸੰਤ ਜਨ) ਜੋ ਕੁਝ ਮੰਗਦੇ ਹਨ, ਉਹ ਹਾਸਲ ਕਰ ਲੈਂਦੇ ਹਨ।

27281	626	ਪ੍ਰਭ ਅਪਨਿਆ ਸੰਤਾ ਦੇਵਹਿ॥		Prabh Apaniaa Santhaa Dhaevehi ||	God gives to His Saints.	ਤੂੰ ਆਪਣੇ ਸੰਤਾਂ ਨੂੰ (ਆਪ ਸਭ ਕੁਝ) ਦੇਂਦਾ ਹੈਂ।
27282	626	ਹਰਿ ਗੋਵਿਦੁ ਪ੍ਰਭਿ ਰਾਖਿਆ॥		Har Govidh Prabh Raakhiaa ||	God saved Hargobind.	(ਹੇ ਭਾਈ! ਬਾਲਕ) ਹਰਿ ਗੋਬਿੰਦ ਨੂੰ (ਭੀ) ਪ੍ਰਭੂ ਨੇ (ਆਪ) ਬਚਾਇਆ ਹੈ (ਕਿਸੇ ਦੇਵੀ ਆਦਿਕ ਨੇ ਨਹੀਂ)
27283	626	ਜਨ ਨਾਨਕ ਸਾਚੁ ਸੁਭਾਖਿਆ॥੨॥੬॥੭੦॥	ਸੁਭੱਾਖਿਆ	Jan Naanak Saach Subhaakhiaa ||2||6||70||	Servant Nanak speaks the Truth. ||2||6||70||	ਹੇ ਦਾਸ ਨਾਨਕ! (ਆਖ-) ਮੈਂ ਤਾਂ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਨਾਮ ਹੀ ਉਚਾਰਦਾ ਹਾਂ ॥੨॥੬॥੭੦॥
27284	626	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27285	626	ਸੋਈ ਕਰਾਇ ਜੋ ਤੁਧੁ ਭਾਵੈ॥		Soee Karaae Jo Thudhh Bhaavai ||	You make me do what pleases You.	ਹੇ ਪ੍ਰਭੂ ਪਾਤਿਸ਼ਾਹ! ਤੂੰ ਮੈਥੋਂ ਉਹੀ ਕੰਮ ਕਰਾਇਆ ਕਰ ਜੋ ਤੈਨੂੰ ਚੰਗਾ ਲੱਗਦਾ ਹੈ,
27286	626	ਮੋਹਿ ਸਿਆਣਪ ਕਛੂ ਨ ਆਵੈ॥		Mohi Siaanap Kashhoo N Aavai ||	I have no cleverness at all.	ਮੈਨੂੰ ਕੋਈ ਅਕਲ ਦੀ ਗੱਲ ਕਰਨੀ ਨਹੀਂ ਆਉਂਦੀ।
27287	626	ਹਮ ਬਾਰਿਕ ਤਉ ਸਰਣਾਈ॥		Ham Baarik Tho Saranaaee ||	I am just a child - I seek Your Protection.	ਹੇ ਪ੍ਰਭੂ! ਅਸੀਂ (ਤੇਰੇ) ਬੱਚੇ ਤੇਰੀ ਸ਼ਰਨ ਆਏ ਹਾਂ।
27288	626	ਪ੍ਰਭਿ ਆਪੇ ਪੈਜ ਰਖਾਈ॥੧॥		Prabh Aapae Paij Rakhaaee ||1||	God Himself preserves my honor. ||1||	ਹੇ ਭਾਈ! (ਸ਼ਰਨ ਪਏ ਜੀਵ ਦੀ) ਪ੍ਰਭੂ ਨੇ ਆਪ ਹੀ ਇੱਜ਼ਤ (ਸਦਾ) ਰਖਾਈ ਹੈ ॥੧॥
27289	626	ਮੇਰਾ ਮਾਤ ਪਿਤਾ ਹਰਿ ਰਾਇਆ॥		Maeraa Maath Pithaa Har Raaeiaa ||	The Lord is my King; He is my mother and father.	ਹੇ ਪ੍ਰਭੂ ਪਾਤਿਸ਼ਾਹ! ਤੂੰ ਹੀ ਮੇਰੀ ਮਾਂ ਹੈਂ, ਤੂੰ ਹੀ ਮੇਰਾ ਪਿਉ ਹੈਂ।

27290	626	ਕਰਿ ਕਿਰਪਾ ਪ੍ਰਤਿਪਾਲਣ ਲਾਗਾ ਕਰੀ ਤੇਰਾ ਕਰਾਇਆ॥ਰਹਾਉ॥		Kar Kirapaa Prathipaalan Laagaa Karanaee Thaeraa Karaaeiaa || Rehaao ||	In Your Mercy, You cherish me; I do whatever You make me do. ||Pause||	ਮੇਹਰ ਕਰ ਕੇ ਤੂੰ ਆਪ ਹੀ ਮੇਰੀ ਪਾਲਣਾ ਕਰ ਰਿਹਾ ਹੈਂ। ਹੇ ਪ੍ਰਭੂ! ਮੈਂ ਉਹੀ ਕੁਝ ਕਰਦਾ ਹਾਂ, ਜੋ ਤੂੰ ਮੈਥੋਂ ਕਰਾਂਦਾ ਹੈਂ ਰਹਾਉ॥
27291	626	ਜੀਅ ਜੰਤ ਤੇਰੇ ਧਾਰੇ॥		Jeea Janth Thaerae Dhhaarae ||	The beings and creatures are Your creation.	ਹੇ ਪ੍ਰਭੂ! ਸਾਰੇ ਜੀਵ ਤੇਰੇ ਹੀ ਆਸਰੇ ਹਨ।
27292	626	ਪ੍ਰਭ ਡੋਰੀ ਹਾਥਿ ਤੁਮਾਰੇ॥		Prabh Ddoree Haathh Thumaarae ||	O God, their reins are in Your hands.	(ਅਸਾਂ ਜੀਵਾਂ ਦੀ ਜ਼ਿੰਦਗੀ ਦੀ) ਡੋਰ ਤੇਰੇ ਹੱਥ ਵਿਚ ਹੈ।
27293	627	ਜਿ ਕਰਾਵੈ ਸੋ ਕਰਣਾ॥		J Karaavai So Karanaa ||	Whatever You cause us to do, we do.	ਅਸੀਂ ਜੀਵ ਉਹੀ ਕੁਝ ਕਰ ਸਕਦੇ ਹਾਂ ਜੋ ਕੁਝ ਪਰਮਾਤਮਾ ਸਾਥੋਂ ਕਰਾਂਦਾ ਹੈ।
27294	627	ਨਾਨਕ ਦਾਸ ਤੇਰੀ ਸਰਣਾ॥੨॥੭॥੭੧॥		Naanak Dhaas Thaeree Saranaa ||2||7||71||	Nanak, Your slave, seeks Your Protection. ||2||7||71||	ਹੇ ਨਾਨਕ! (ਆਖ-ਹੇ ਪ੍ਰਭੂ!) ਤੇਰੇ ਦਾਸ ਤੇਰੀ ਹੀ ਸ਼ਰਨ ਪਏ ਰਹਿੰਦੇ ਹਨ ॥੨॥੭॥੭੧॥
27295	627	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27296	627	ਹਰਿ ਨਾਮੁ ਰਿਦੈ ਪਰੋਇਆ॥		Har Naam Ridhai Paroeiaa ||	I have woven the Lord's Name into the fabric of my heart.	ਹੇ ਭਾਈ! ਜਦੋਂ ਪਰਮਾਤਮਾ ਦਾ ਨਾਮ ਹਿਰਦੇ ਵਿਚ ਚੰਗੀ ਤਰ੍ਹਾਂ ਵਸਾ ਲਿਆ ਜਾਂਦਾ ਹੈ,
27297	627	ਸਭੁ ਕਾਜੁ ਹਮਾਰਾ ਹੋਇਆ॥		Sabh Kaaj Hamaaraa Hoeiaa ||	All my affairs are resolved.	ਤਦੋਂ ਅਸਾਂ ਜੀਵਾਂ ਦਾ ਸਾਰਾ ਜੀਵਨ-ਮਨੋਰਥ ਸਫਲ ਹੋ ਜਾਂਦਾ ਹੈ।

27298	627	ਪ੍ਰਭ ਚਰਣੀ ਮਨੁ ਲਾਗਾ॥		Prabh Charanee Man Laagaa ||	His mind is attached to God's feet,	ਹੇ ਭਾਈ! ਉਸ ਮਨੁੱਖ ਦਾ ਮਨ ਪਰਮਾਤਮਾ ਦੇ ਚਰਨਾਂ ਵਿਚ ਲੀਨ ਰਹਿੰਦਾ ਹੈ,
27299	627	ਪੂਰਨ ਜਾ ਕੇ ਭਾਗਾ॥੧॥		Pooran Jaa Kae Bhaagaa ||1||	Whose destiny is perfect. ||1||	ਜਿਸ ਦੇ ਭਾਗ ਚੰਗੀ ਤਰ੍ਹਾਂ ਜਾਗ ਪੈਂਦੇ ਹਨ ॥੧॥
27300	627	ਮਿਲਿ ਸਾਧਸੰਗਿ ਹਰਿ ਧਿਆਇਆ॥		Mil Saadhhasang Har Dhhiaaeiaa ||	Joining the Saadh Sangat, the Company of the Holy, I meditate on the Lord.	(ਹੇ ਭਾਈ! ਜਿਸ ਭੀ ਮਨੁੱਖ ਨੇ) ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਿਆ,
27301	627	ਆਠ ਪਹਰ ਅਰਾਧਿਓ ਹਰਿ ਹਰਿ ਮਨ ਚਿੰਦਿਆ ਫਲੁ ਪਾਇਆ॥ਰਹਾਉ॥		Aath Pehar Araadhhiou Har Har Man Chindhiaa Fal Paaeiaa || Rehaao ||	Twenty-four hours a day, I worship and adore the Lord, Har, Har; I have obtained the fruits of my mind's desires. ||Pause||	ਅੱਠੇ ਪਹਿਰ (ਹਰ ਵੇਲੇ) ਪਰਮਾਤਮਾ ਦਾ ਨਾਮ ਯਾਦ ਕੀਤਾ, ਉਸ ਨੇ ਹਰੇਕ ਮਨ-ਮੰਗੀ ਮੁਰਾਦ ਪਾ ਲਈ ਰਹਾਉ॥
27302	627	ਪਰਾ ਪੂਰਬਲਾ ਅੰਕੁਰੁ ਜਾਗਿਆ॥		Paraa Poorabalaa Ankur Jaagiaa ||	The seeds of my past actions have sprouted.	(ਸਾਧ ਸੰਗਤਿ ਵਿਚ ਮਿਲ ਕੇ ਜਦੋਂ ਕਿਸੇ ਮਨੁੱਖ ਦੇ) ਅਨੇਕਾਂ ਪੂਰਬਲੇ ਜਨਮਾਂ ਦੇ ਸੰਸਕਾਰਾਂ ਦਾ ਬੀਜ ਉੱਗ ਪੈਂਦਾ ਹੈ (ਪੂਰਬਲੇ ਸੰਸਕਾਰ ਜਾਗ ਪੈਂਦੇ ਹਨ)
27303	627	ਰਾਮ ਨਾਮਿ ਮਨੁ ਲਾਗਿਆ॥		Raam Naam Man Laagiaa ||	My mind is attached to the Lord's Name.	(ਤਦੋਂ ਉਸ ਦਾ) ਮਨ ਪਰਮਾਤਮਾ ਦੇ ਨਾਮ ਵਿਚ ਲੱਗਣ ਲੱਗ ਪੈਂਦਾ ਹੈ।

27304	627	ਮਨਿ ਤਨਿ ਹਰਿ ਦਰਸਿ ਸਮਾਵੈ॥		Man Than Har Dharas Samaavai ||	My mind and body are absorbed into the Blessed Vision of the Lord's Darshan.	ਉਹ ਮਨੁੱਖ ਮਨੋਂ ਤਨੋਂ ਪਰਮਾਤਮਾ ਦੇ ਦੀਦਾਰ ਵਿਚ ਮਸਤ ਰਹਿੰਦਾ ਹੈ,
27305	627	ਨਾਨਕ ਦਾਸ ਸਚੇ ਗੁਣ ਗਾਵੈ॥੨॥੮॥੭੨॥		Naanak Dhaas Sachae Gun Gaavai ||2||8||72||	Slave Nanak sings the Glorious Praises of the True Lord. ||2||8||72||	ਹੇ ਦਾਸ ਨਾਨਕ! (ਆਖ-) ਉਹ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੨॥੮॥੭੨॥
27306	627	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27307	627	ਗੁਰ ਮਿਲਿ ਪ੍ਰਭੂ ਚਿਤਾਰਿਆ॥		Gur Mil Prabhoo Chithaariaa ||	Meeting with the Guru, I contemplate God.	ਹੇ ਸੰਤ ਜਨੋ! (ਜਿਸ ਮਨੁੱਖ ਨੇ) ਗੁਰੂ ਨੂੰ ਮਿਲ ਕੇ ਪਰਮਾਤਮਾ ਨੂੰ ਯਾਦ ਕਰਨਾ ਸ਼ੁਰੂ ਕਰ ਦਿੱਤਾ,
27308	627	ਕਾਰਜ ਸਭਿ ਸਵਾਰਿਆ॥		Kaaraj Sabh Savaariaa ||	All of my affairs have been resolved.	ਉਸ ਨੇ ਆਪਣੇ ਸਾਰੇ ਕੰਮ ਸਵਾਰ ਲਏ।
27309	627	ਮੰਦਾ ਕੋ ਨ ਅਲਾਏ॥		Mandhaa Ko N Alaaeae ||	No one speaks ill of me.	ਉਹ ਮਨੁੱਖ (ਕਿਸੇ ਨੂੰ) ਕੋਈ ਭੈੜੇ ਬੋਲ ਨਹੀਂ ਬੋਲਦਾ,
27310	627	ਸਭ ਜੈ ਜੈਕਾਰੁ ਸੁਣਾਏ॥੧॥		Sabh Jai Jai Kaar Sunaaeae ||1||	Everyone congratulates me on my victory. ||1||	ਉਹ ਸਾਰੀ ਲੁਕਾਈ ਨੂੰ ਪ੍ਰਭੂ ਦੀ ਸਿਫ਼ਤ-ਸਾਲਾਹ ਹੀ ਸੁਣਾਂਦਾ ਰਹਿੰਦਾ ਹੈ ॥੧॥
27311	627	ਸੰਤਹੁ ਸਾਚੀ ਸਰਣਿ ਸੁਆਮੀ॥		Santhahu Saachee Saran Suaamee ||	O Saints, I seek the True Sanctuary of the Lord and Master.	ਹੇ ਸੰਤ ਜਨੋ! ਮਾਲਕ-ਪ੍ਰਭੂ ਦਾ ਆਸਰਾ ਪੱਕਾ ਆਸਰਾ ਹੈ,

27312	627	ਜੀਅ ਜੰਤ ਸਭਿ ਹਾਥਿ ਤਿਸੈ ਕੈ ਸੋ ਪ੍ਰਭੁ ਅੰਤਰਜਾਮੀ॥ਰਹਾਉ॥		Jeea Janth Sabh Haathh Thisai Kai So Prabh Antharajaamee || Rehaao ||	All beings and creatures are in His hands; He is God, the Inner-knower, the Searcher of hearts. ||Pause||	(ਕਿਉਂਕਿ) ਸਾਰੇ ਜੀਵ ਉਸ ਪ੍ਰਭੂ ਦੇ ਹੱਥ ਵਿਚ ਹਨ, ਅਤੇ, ਉਹ ਪ੍ਰਭੂ ਹਰੇਕ ਜੀਵ ਦੇ ਦਿਲ ਦੀ ਜਾਣਨ ਵਾਲਾ ਹੈ ਰਹਾਉ॥
27313	627	ਕਰਤਬ ਸਭਿ ਸਵਾਰੇ॥	ਕਰਤੱਬ	Karathab Sabh Savaarae ||	He has resolved all of my affairs.	ਹੇ ਸੰਤ ਜਨੋ! (ਜਿਸ ਮਨੁੱਖ ਨੇ ਪ੍ਰਭੂ ਦਾ ਪੱਕਾ ਆਸਰਾ ਲਿਆ, ਪ੍ਰਭੂ ਨੇ ਉਸ ਦੇ) ਸਾਰੇ ਕੰਮ ਸਵਾਰ ਦਿੱਤੇ।
27314	627	ਪ੍ਰਭਿ ਅਪਨਾ ਬਿਰਦੁ ਸਮਾਰੇ॥		Prabh Apunaa Biradh Samaarae ||	God has confirmed His innate nature.	ਪ੍ਰਭੂ ਨੇ ਆਪਣਾ ਇਹ ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ ਸਦਾ ਹੀ ਚੇਤੇ ਰੱਖਿਆ ਹੋਇਆ ਹੈ।
27315	627	ਪਤਿਤ ਪਾਵਨ ਪ੍ਰਭ ਨਾਮਾ॥		Pathith Paavan Prabh Naamaa ||	God's Name is the Purifier of sinners.	(ਹੇ ਸੰਤ ਜਨੋ!) ਪਰਮਾਤਮਾ ਦਾ ਨਾਮ ਵਿਕਾਰੀਆਂ ਨੂੰ ਪਵਿਤ੍ਰ ਕਰਨ ਵਾਲਾ ਹੈ।
27316	627	ਜਨ ਨਾਨਕ ਸਦ ਕੁਰਬਾਨਾ॥੨॥੯॥੭੩॥		Jan Naanak Sadh Kurabaanaa ||2||9||73||	Servant Nanak is forever a sacrifice to Him. ||2||9||73||	ਹੇ ਦਾਸ ਨਾਨਕ! (ਆਖ-ਮੈਂ ਉਸ ਤੋਂ) ਸਦਾ ਸਦਕੇ ਜਾਂਦਾ ਹਾਂ ॥੨॥੯॥੭੩॥
27317	627	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27318	627	ਪਾਰਬ੍ਰਹਮਿ ਸਾਜਿ ਸਵਾਰਿਆ॥		Paarabreham Saaj Savaariaa ||	The Supreme Lord God created and embellished him.	ਹੇ ਭਾਈ! ਪਰਮਾਤਮਾ ਨੇ ਇਸ ਛੋਟੇ ਬੱਚੇ (ਹਰਗੋਬਿੰਦ) ਨੂੰ ਸਾਜਿਆ ਤੇ ਸਵਾਰਿਆ।

27319	627	ਇਹੁ ਲਹੁੜਾ ਗੁਰੂ ਉਬਾਰਿਆ॥	(ਲਹੁੜਾ)ਛੋਟਾ ਬੱਚਾ	Eihu Lahurraa Guroo Oubaariaa ||	The Guru has saved this small child.	(ਸਾਧ ਸੰਗਤਿ ਦੀ ਅਰਦਾਸ ਸੁਣ ਕੇ) ਗੁਰੂ ਨੇ ਇਸ ਨੂੰ ਬਚਾ ਲਿਆ ਹੈ।
27320	627	ਅਨਦ ਕਰਹੁ ਪਿਤ ਮਾਤਾ॥		Anadh Karahu Pith Maathaa ||	So celebrate and be happy, father and mother.	(ਗੁਰੂ ਪਰਮਾਤਮਾ ਦੀ ਮੇਹਰ ਦਾ ਸਦਕਾ ਇਸ ਦੇ) ਮਾਪੇ ਬੇਸ਼ਕ ਖ਼ੁਸ਼ੀ ਮਨਾਣ,
27321	627	ਪਰਮੇਸਰੁ ਜੀਅ ਕਾ ਦਾਤਾ॥੧॥		Paramaesar Jeea Kaa Dhaathaa ||1||	The Transcendent Lord is the Giver of souls. ||1||	ਪਰਮਾਤਮਾ ਹੀ ਜਿੰਦ ਦਾ ਦਾਤਾ ਹੈ (ਰਾਖਾ ਹੈ) ॥੧॥
27322	627	ਸੁਭ ਚਿਤਵਨਿ ਦਾਸ ਤੁਮਾਰੇ॥		Subh Chithavan Dhaas Thumaarae ||	Your slaves, O Lord, focus on pure thoughts.	ਹੇ ਪ੍ਰਭੂ! ਤੇਰੇ ਸੇਵਕ ਸਭ ਦਾ ਭਲਾ ਮੰਗਦੇ ਹਨ।
27323	627	ਰਾਖਹਿ ਪੈਜ ਦਾਸ ਅਪੁਨੇ ਕੀ ਕਾਰਜ ਆਪਿ ਸਵਾਰੇ॥ਰਹਾਉ॥		Raakhehi Paij Dhaas Apunae Kee Kaaraj Aap Savaarae || Rehaao ||	You preserve the honor of Your slaves, and You Yourself arrange their affairs. ||Pause||	(ਆਪਣੇ ਸੇਵਕਾਂ ਦੀ ਮੰਗ ਅਨੁਸਾਰ) ਤੂੰ ਕੰਮ ਸਵਾਰ ਕੇ ਆਪਣੇ ਸੇਵਕਾਂ ਦੀ ਇੱਜ਼ਤ ਰੱਖ ਲੈਂਦਾ ਹੈਂ ਰਹਾਉ॥
27324	627	ਮੇਰਾ ਪ੍ਰਭੁ ਪਰਉਪਕਾਰੀ॥		Maeraa Prabh Paroupakaaree ||	My God is so benevolent.	ਹੇ ਭਾਈ! ਮੇਰਾ ਪ੍ਰਭੂ ਸਭ ਦੀ ਭਲਾਈ ਕਰਨ ਵਾਲਾ ਹੈ,
27325	627	ਪੂਰਨ ਕਲ ਜਿਨਿ ਧਾਰੀ॥		Pooran Kal Jin Dhhaaree ||	His Almighty Power is manifest.	ਜਿਸ ਨੇ ਸਾਰੇ ਜਗਤ ਵਿਚ ਆਪਣੀ ਸ਼ਕਤੀ ਟਿਕਾਈ ਹੋਈ ਹੈ।
27326	627	ਨਾਨਕ ਸਰਣੀ ਆਇਆ॥		Naanak Saranee Aaeiaa ||	Nanak has come to His Sanctuary.	ਹੇ ਨਾਨਕ! (ਆਖ-ਹੇ ਭਾਈ!) ਜੇਹੜਾ ਭੀ ਮਨੁੱਖ (ਉਸ ਪ੍ਰਭੂ ਦੀ) ਸਰਨ ਆ ਪੈਂਦਾ ਹੈ,

27327	627	ਮਨ ਚਿੰਦਿਆ ਫਲੁ ਪਾਇਆ॥੨॥੧੦॥੭੪॥		Man Chindhiaa Fal Paaeiaa ||2||10||74||	He has obtained the fruits of his mind's desires. ||2||10||74||	ਉਹ ਮਨ-ਮੰਗੀ ਮੁਰਾਦ ਪਾ ਲੈਂਦਾ ਹੈ ॥੨॥੧੦॥੭੪॥
27328	627	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27329	627	ਸਦਾ ਸਦਾ ਹਰਿ ਜਾਪੇ॥		Sadhaa Sadhaa Har Jaapae ||	Forever and ever, I chant the Lord's Name.	ਹੇ ਭਾਈ! ਸਦਾ ਹੀ (ਸਿਰਫ਼) ਪਰਮਾਤਮਾ ਦਾ ਨਾਮ ਜਪਿਆ ਕਰੋ।
27330	627	ਪ੍ਰਭ ਬਾਲਕ ਰਾਖੇ ਆਪੇ॥		Prabh Baalak Raakhae Aapae ||	God Himself has saved my child.	ਪ੍ਰਭੂ ਜੀ ਆਪ ਹੀ ਬਾਲਕਾਂ ਦੇ ਰਾਖੇ ਹਨ।
27331	627	ਸੀਤਲਾ ਠਾਕਿ ਰਹਾਈ॥	(ਸੀਤਲਾ) ਚੇਚਕ ਬਿਮਾਰੀ	Seethalaa Thaak Rehaaee ||	He healed him from the smallpox.	(ਬਾਲਕ ਹਰਗੋਬਿੰਦ ਤੋਂ ਪ੍ਰਭੂ ਨੇ ਆਪ ਹੀ) ਸੀਤਲਾ (ਚੇਚਕ) ਰੋਕ ਲਈ ਹੈ।
27332	627	ਬਿਘਨ ਗਏ ਹਰਿ ਨਾਈ॥੧॥		Bighan Geae Har Naaee ||1||	My troubles have been removed through the Lord's Name. ||1||	ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਰਕਤਿ ਨਾਲ ਖ਼ਤਰੇ ਦੂਰ ਹੋ ਗਏ ਹਨ ॥੧॥
27333	627	ਮੇਰਾ ਪ੍ਰਭੁ ਹੋਆ ਸਦਾ ਦਇਆਲਾ॥	ਦਇ-ਆਲਾ	Maeraa Prabh Hoaa Sadhaa Dhaeiaalaa ||	My God is forever Merciful.	ਹੇ ਭਾਈ! ਮੇਰਾ ਪ੍ਰਭੂ ਸਦਾ ਹੀ ਦਇਆਵਾਨ ਰਹਿੰਦਾ ਹੈ।

27334	627	ਅਰਦਾਸਿ ਸੁਣੀ ਭਗਤ ਅਪੁਨੇ ਕੀ ਸਭ ਜੀਅ ਭਇਆ ਕਿਰਪਾਲਾ॥ਰਹਾਉ॥		Aradhaas Sunee Bhagath Apunae Kee Sabh Jeea Bhaeiaa Kirapaalaa || Rehaao ||	He heard the prayer of His devotee, and now all beings are kind and compassionate to him. ||Pause||	ਸਾਰੇ ਹੀ ਜੀਵਾਂ ਉੱਤੇ ਦਇਆਵਾਨ ਰਹਿੰਦਾ ਹੈ। ਉਹ ਆਪਣੇ ਭਗਤ ਦੀ ਅਰਜ਼ੋਈ (ਸਦਾ) ਸੁਣਦਾ ਹੈ ਰਹਾਉ॥
27335	627	ਪ੍ਰਭ ਕਰਣ ਕਾਰਣ ਸਮਰਾਥਾ॥		Prabh Karan Kaaran Samaraathhaa ||	God is Almighty, the Cause of causes.	ਹੇ ਭਾਈ! ਪ੍ਰਭੂ ਜਗਤ ਦਾ ਮੂਲ ਹੈ, ਤੇ, ਸਭ ਤਾਕਤਾਂ ਦਾ ਮਾਲਕ ਹੈ।
27336	627	ਹਰਿ ਸਿਮਰਤ ਸਭੁ ਦੁਖੁ ਲਾਥਾ॥		Har Simarath Sabh Dhukh Laathhaa ||	Remembering the Lord in meditation, all pains and sorrows vanish.	ਪ੍ਰਭੂ ਦਾ ਨਾਮ ਸਿਮਰਿਆਂ ਹਰੇਕ ਦੁੱਖ ਦੂਰ ਹੋ ਜਾਂਦਾ ਹੈ।
27337	627	ਅਪਣੇ ਦਾਸ ਕੀ ਸੁਣੀ ਬੇਨੰਤੀ॥		Apanae Dhaas Kee Sunee Baenanthee ||	He has heard the prayer of His slave.	ਪ੍ਰਭੂ ਨੇ (ਸਦਾ ਹੀ) ਆਪਣੇ ਸੇਵਕ ਦੀ ਬੇਨਤੀ ਸੁਣ ਲਈ ਹੈ।
27338	627	ਸਭ ਨਾਨਕ ਸੁਖਿ ਸਵੰਤੀ॥੨॥੧੧॥੭੫॥		Sabh Naanak Sukh Savanthee ||2||11||75||	O Nanak, now everyone sleeps in peace. ||2||11||75||	ਹੇ ਨਾਨਕ! (ਪ੍ਰਭੂ ਦੀ ਮੇਹਰ ਨਾਲ ਹੀ) ਸਾਰੀ ਲੁਕਾਈ ਸੁਖੀ ਵੱਸਦੀ ਹੈ ॥੨॥੧੧॥੭੫॥
27339	627	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27340	627	ਅਪਨਾ ਗੁਰੂ ਧਿਆਏ॥		Apanaa Guroo Dhhiaaeae ||	I meditated on my Guru.	ਹੇ ਸੰਤ ਜਨੋ! ਜੇਹੜਾ ਮਨੁੱਖ ਆਪਣੇ ਗੁਰੂ ਦਾ ਧਿਆਨ ਧਰਦਾ ਹੈ,

27341	627	ਮਿਲਿ ਕੁਸਲ ਸੇਤੀ ਘਰਿ ਆਏ॥		Mil Kusal Saethee Ghar Aaeae ||	I met with Him, and returned home in joy.	ਉਹ (ਗੁਰੂ-ਚਰਨਾਂ ਵਿਚ) ਜੁੜ ਕੇ ਆਤਮਕ ਆਨੰਦ ਨਾਲ ਹਿਰਦੇ-ਘਰ ਵਿਚ ਟਿਕ ਜਾਂਦਾ ਹੈ (ਬਾਹਰ ਭਟਕਣੋਂ ਬਚ ਜਾਂਦਾ ਹੈ)।
27342	627	ਨਾਮੈ ਕੀ ਵਡਿਆਈ॥		Naamai Kee Vaddiaaee ||	This is the glorious greatness of the Naam.	ਇਹ ਨਾਮ ਦੀ ਹੀ ਬਰਕਤਿ ਹੈ (ਕਿ ਮਨੁੱਖ ਹੋਰ ਹੋਰ ਆਸਰਿਆਂ ਦੀ ਭਾਲ ਛੱਡ ਦੇਂਦਾ ਹੈ)।
27343	627	ਤਿਸੁ ਕੀਮਤਿ ਕਹਣੁ ਨ ਜਾਈ॥੧॥		This Keemath Kehan N Jaaee ||1||	Its value cannot be estimated. ||1||	(ਪਰ) ਇਸ (ਹਰਿ-ਨਾਮ) ਦਾ ਮੁੱਲ ਨਹੀਂ ਦੱਸਿਆ ਜਾ ਸਕਦਾ (ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਨਹੀਂ ਮਿਲਦਾ) ॥੧॥
27344	627	ਸੰਤਹੁ ਹਰਿ ਹਰਿ ਹਰਿ ਆਰਾਧਹੁ॥		Santhahu Har Har Har Aaraadhhahu ||	O Saints, worship and adore the Lord, Har, Har, Har.	ਹੇ ਸੰਤ ਜਨੋ! ਸਦਾ ਹੀ ਪਰਮਾਤਮਾ ਦਾ ਨਾਮ ਹੀ ਸਿਮਰਿਆ ਕਰੋ।
27345	627	ਹਰਿ ਆਰਾਧਿ ਸਭੋ ਕਿਛੁ ਪਾਈਐ ਕਾਰਜ ਸਗਲੇ ਸਾਧਹੁ॥ਰਹਾਉ॥	ਸਾਧਹੁ	Har Aaraadhh Sabho Kishh Paaeeai Kaaraj Sagalae Saadhhahu || Rehaao ||	Worship the Lord in adoration, and you shall obtain everything; your affairs shall all be resolved. ||Pause||	ਪਰਮਾਤਮਾ ਦਾ ਨਾਮ ਸਿਮਰ ਕੇ ਹਰੇਕ ਚੀਜ਼ ਪ੍ਰਾਪਤ ਕਰ ਲਈਦੀ ਹੈ। (ਤੁਸੀ ਭੀ ਪਰਮਾਤਮਾ ਦਾ ਨਾਮ ਸਿਮਰ ਕੇ ਆਪਣੇ) ਸਾਰੇ ਕੰਮ ਸਵਾਰੋ ਰਹਾਉ॥
27346	627	ਪ੍ਰੇਮ ਭਗਤਿ ਪ੍ਰਭ ਲਾਗੀ॥		Praem Bhagath Prabh Laagee ||	He alone is attached in loving devotion to God,	(ਹੇ ਸੰਤ ਜਨੋ! ਜੇਹੜਾ ਮਨੁੱਖ ਗੁਰੂ ਦਾ ਧਿਆਨ ਧਰਦਾ ਹੈ) ਪ੍ਰਭੂ ਦੀ ਪਿਆਰ-ਭਰੀ ਭਗਤੀ ਵਿਚ ਉਸ ਦਾ ਮਨ ਲੱਗ ਜਾਂਦਾ ਹੈ।

27347	627	ਸੋ ਪਾਏ ਜਿਸੁ ਵਡਭਾਗੀ॥		So Paaeae Jis Vaddabhaagee ||	Who realizes his great destiny.	ਪਰ ਇਹ ਦਾਤਿ ਉਹੀ ਮਨੁੱਖ ਹਾਸਲ ਕਰਦਾ ਹੈ ਜਿਸ ਦੇ ਵੱਡੇ ਭਾਗ ਹੋਣ।
27348	627	ਜਨ ਨਾਨਕ ਨਾਮੁ ਧਿਆਇਆ॥		Jan Naanak Naam Dhhiaaeiaa ||	Servant Nanak meditates on the Naam, the Name of the Lord.	ਹੇ ਦਾਸ ਨਾਨਕ! (ਆਖ-) ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਸਿਮਰਿਆ ਹੈ,
27349	627	ਤਿਨਿ ਸਰਬ ਸੁਖਾ ਫਲ ਪਾਇਆ॥੨॥੧੨॥੭੬॥		Thin Sarab Sukhaa Fal Paaeiaa ||2||12||76||	He obtains the rewards of all joys and peace. ||2||12||76||	ਉਸ ਨੇ ਸਾਰੇ ਸੁਖ ਦੇਣ ਵਾਲੇ (ਫਲ ਪ੍ਰਾਪਤ ਕਰ ਲਏ ਹਨ ॥੨॥੧੨॥੭੬॥
27350	627	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27351	627	ਪਰਮੇਸਰਿ ਦਿਤਾ ਬੰਨਾ॥	(ਬੰਨਾ) ਆਸਰਾ। ਬੰਨਾ:ਪੋਲਾ ਬੋਲੋ	Paramaesar Dhithaa Bannaa ||	The Transcendent Lord has given me His support.	ਹੇ ਸੰਤ ਜਨੋ! (ਜਿਸ ਮਨੁੱਖ ਦੇ ਆਤਮਕ ਜੀਵਨ ਵਾਸਤੇ) ਪਰਮੇਸਰ ਨੇ (ਵਿਕਾਰਾਂ ਦੇ ਰਾਹ ਵਿਚ) ਡੱਕਾ ਮਾਰ ਦਿੱਤਾ,
27352	627	ਦੁਖ ਰੋਗ ਕਾ ਡੇਰਾ ਭੰਨਾ॥		Dhukh Rog Kaa Ddaeraa Bhannaa ||	The house of pain and disease has been demolished.	(ਉਸ ਮਨੁੱਖ ਦੇ ਅੰਦਰੋਂ) ਪਰਮੇਸਰ ਨੇ ਦੁੱਖਾਂ ਤੇ ਰੋਗਾਂ ਦਾ ਡੇਰਾ ਹੀ ਮੁਕਾ ਦਿੱਤਾ।
27353	627	ਅਨਦ ਕਰਹਿ ਨਰ ਨਾਰੀ॥		Anadh Karehi Nar Naaree ||	The men and women celebrate.	ਉਹ ਸਾਰੇ ਜੀਵ ਆਤਮਕ ਆਨੰਦ ਮਾਣਦੇ ਹਨ,
27354	627	ਹਰਿ ਹਰਿ ਪ੍ਰਭਿ ਕਿਰਪਾ ਧਾਰੀ॥੧॥		Har Har Prabh Kirapaa Dhhaaree ||1||	The Lord God, Har, Har, has extended His Mercy. ||1||	ਜਿਨ੍ਹਾਂ ਉੱਤੇ ਪ੍ਰਭੂ ਨੇ (ਇਹ) ਕਿਰਪਾ ਕਰ ਦਿੱਤੀ ॥੧॥

27355	628	ਸੰਤਹੁ ਸੁਖੁ ਹੋਆ ਸਭ ਥਾਈ॥	ਥਾਂਈਂ	Santhahu Sukh Hoaa Sabh Thhaaee ||	O Saints, there is peace everywhere.	ਹੇ ਸੰਤ ਜਨੋ! (ਉਸ ਮਨੁੱਖ ਨੂੰ) ਸਭ ਥਾਵਾਂ ਵਿਚ ਸੁਖ ਹੀ ਪ੍ਰਤੀਤ ਹੁੰਦਾ ਹੈ,
27356	628	ਪਾਰਬ੍ਰਹਮੁ ਪੂਰਨ ਪਰਮੇਸਰੁ ਰਵਿ ਰਹਿਆ ਸਭਨੀ ਜਾਈ॥ਰਹਾਉ॥		Paarabreham Pooran Paramaesar Rav Rehiaa Sabhanee Jaaee || Rehaao ||	The Supreme Lord God, the Perfect Transcendent Lord, is pervading everywhere. ||Pause||	(ਜਿਸ ਮਨੁੱਖ ਨੂੰ ਇਹ ਯਕੀਨ ਹੋ ਜਾਂਦਾ ਹੈ ਕਿ) ਪਾਰਬ੍ਰਹਮ ਪੂਰਨ ਪਰਮੇਸਰ ਸਭ ਥਾਵਾਂ ਵਿਚ ਮੌਜੂਦ ਹੈ ਰਹਾਉ॥
27357	628	ਧੁਰ ਕੀ ਬਾਣੀ ਆਈ॥		Dhhur Kee Baanee Aaee ||	The Bani of His Word emanated from the Primal Lord.	ਹੇ ਸੰਤ ਜਨੋ! ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਜਿਸ ਮਨੁੱਖ ਦੇ ਅੰਦਰ ਆ ਵੱਸੀ,
27358	628	ਤਿਨਿ ਸਗਲੀ ਚਿੰਤ ਮਿਟਾਈ॥		Thin Sagalee Chinth Mittaaee ||	It eradicates all anxiety.	ਉਸ ਨੇ ਆਪਣੀ ਸਾਰੀ ਚਿੰਤਾ ਦੂਰ ਕਰ ਲਈ।
27359	628	ਦਇਆਲ ਪੁਰਖ ਮਿਹਰਵਾਨਾ॥		Dhaeiaal Purakh Miharavaanaa ||	The Lord is merciful, kind and compassionate.	ਦਇਆ ਦਾ ਸੋਮਾ ਪ੍ਰਭੂ ਉਸ ਮਨੁੱਖ ਉੱਤੇ ਮੇਹਰਵਾਨ ਹੋਇਆ ਰਹਿੰਦਾ ਹੈ,
27360	628	ਹਰਿ ਨਾਨਕ ਸਾਚੁ ਵਖਾਨਾ॥੨॥੧੩॥੭੭॥		Har Naanak Saach Vakhaanaa ||2||13||77||	Nanak chants the Naam, the Name of the True Lord. ||2||13||77||	ਹੇ ਨਾਨਕ! ਉਹ ਮਨੁੱਖ ਉਸ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦਾ ਨਾਮ (ਸਦਾ) ਉਚਾਰਦਾ ਹੈ ॥੨॥੧੩॥੭੭॥
27361	628	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27362	628	ਐਥੈ ਓਥੈ ਰਖਵਾਲਾ॥		Aithhai Outhhai Rakhavaalaa ||	Here and hereafter, He is our Savior.	ਹੇ ਭਾਈ! (ਪ੍ਰਭੂ ਸਰਨ ਪਿਆਂ ਦੀ) ਇਸ ਲੋਕ ਤੇ ਪਰਲੋਕ ਵਿਚ ਰਾਖੀ ਕਰਨ ਵਾਲਾ ਹੈ।

27363	628	ਪ੍ਰਭ ਸਤਿਗੁਰ ਦੀਨ ਦਇਆਲਾ॥	ਦ-ਇਆਲਾ	Prabh Sathigur Dheen Dhaeiaalaa ||	God, the True Guru, is Merciful to the meek.	ਗੁਰੂ ਪ੍ਰਭੂ ਗਰੀਬਾਂ ਉਤੇ ਦਇਆ ਕਰਨ ਵਾਲਾ ਹੈ।
27364	628	ਦਾਸ ਅਪਨੇ ਆਪਿ ਰਾਖੇ॥		Dhaas Apanae Aap Raakhae ||	He Himself protects His slaves.	(ਹੇ ਭਾਈ! ਪ੍ਰਭੂ) ਆਪਣੇ ਸੇਵਕਾਂ ਦੀ ਆਪ ਰਖਿਆ ਕਰਦਾ ਹੈ।
27365	628	ਘਟਿ ਘਟਿ ਸਬਦੁ ਸੁਭਾਖੇ॥੧॥		Ghatt Ghatt Sabadh Subhaakhae ||1||	In each and every heart, the Beautiful Word of His Shabad resounds. ||1||	(ਸੇਵਕਾਂ ਨੂੰ ਇਹ ਨਿਸ਼ਚਾ ਰਹਿੰਦਾ ਹੈ ਕਿ) ਪ੍ਰਭੂ ਹਰੇਕ ਸਰੀਰ ਵਿਚ (ਆਪ ਹੀ) ਬਚਨ ਬੋਲ ਰਿਹਾ ਹੈ ॥੧॥
27366	628	ਗੁਰ ਕੇ ਚਰਣ ਊਪਰਿ ਬਲਿ ਜਾਈ॥		Gur Kae Charan Oopar Bal Jaaee ||	I am a sacrifice to the Guru's Feet.	ਹੇ ਭਾਈ! ਮੈਂ (ਆਪਣੇ) ਗੁਰੂ ਦੇ ਚਰਨਾਂ ਤੋਂ ਸਦਕੇ ਜਾਂਦਾ ਹਾਂ,
27367	628	ਦਿਨਸੁ ਰੈਨਿ ਸਾਸਿ ਸਾਸਿ ਸਮਾਲੀ ਪੂਰਨੁ ਸਭਨੀ ਥਾਈ॥ਰਹਾਉ॥	ਥਾਂਈਂ	Dhinas Rain Saas Saas Samaalee Pooran Sabhanee Thhaaee || Rehaao ||	Day and night, with each and every breath, I remember Him; He is totally pervading and permeating all places. ||Pause||	(ਗੁਰੂ ਦੀ ਕਿਰਪਾ ਨਾਲ ਹੀ) ਮੈਂ (ਆਪਣੇ) ਹਰੇਕ ਸਾਹ ਦੇ ਨਾਲ ਦਿਨ ਰਾਤ (ਉਸ ਪਰਮਾਤਮਾ ਨੂੰ) ਯਾਦ ਕਰਦਾ ਰਹਿੰਦਾ ਹਾਂ ਜੋ ਸਭਨਾਂ ਥਾਵਾਂ ਵਿਚ ਭਰਪੂਰ ਹੈ ਰਹਾਉ॥
27368	628	ਆਪਿ ਸਹਾਈ ਹੋਆ॥		Aap Sehaaee Hoaa ||	He Himself has become my help and support.	(ਹੇ ਭਾਈ! ਗੁਰੂ ਦੀ ਕਿਰਪਾ ਨਾਲ) ਪਰਮਾਤਮਾ ਆਪ ਮਦਦਗਾਰ ਬਣਦਾ ਹੈ।

27369	628	ਸਚੇ ਦਾ ਸਚਾ ਢੋਆ॥	(ਢੋਆ) ਆਸਰਾ	Sachae Dhaa Sachaa Dtoaa ||	True is the support of the True Lord.	(ਗੁਰੂ ਦੀ ਮੇਹਰ ਨਾਲ) ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਸਦਾ-ਥਿਰ ਰਹਿਣ ਵਾਲੀ ਸਿਫ਼ਤਿ ਸਾਲਾਹ ਦੀ ਦਾਤਿ ਮਿਲਦੀ ਹੈ।
27370	628	ਤੇਰੀ ਭਗਤਿ ਵਡਿਆਈ॥		Thaeree Bhagath Vaddiaaee ||	Glorious and great is devotional worship to You.	ਹੇ ਪ੍ਰਭੂ! ਤੇਰੀ ਭਗਤੀ ਤੇਰੀ ਸਿਫ਼ਤ-ਸਾਲਾਹ-
27371	628	ਪਾਈ ਨਾਨਕ ਪ੍ਰਭ ਸਰਣਾਈ॥੨॥੧੪॥੭੮॥		Paaee Naanak Prabh Saranaaee ||2||14||78||	Nanak has found God's Sanctuary. ||2||14||78||	ਹੇ ਨਾਨਕ! (ਆਖ-) (ਗੁਰੂ ਦੀ ਕਿਰਪਾ ਨਾਲ) ਤੇਰੀ ਸਰਨ ਪਿਆਂ ਪ੍ਰਾਪਤ ਹੁੰਦੀ ਹੈ ॥੨॥੧੪॥੭੮॥
27372	628	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27373	628	ਸਤਿਗੁਰ ਪੂਰੇ ਭਾਣਾ॥		Sathigur Poorae Bhaanaa ||	When it was pleasing to the Perfect True Guru,	(ਪਰ, ਹੇ ਭਾਈ!) ਜਦੋਂ ਗੁਰੂ ਨੂੰ ਚੰਗਾ ਲੱਗਦਾ ਹੈ ਜਦੋਂ ਗੁਰੂ ਤੁੱਠਦਾ ਹੈ)
27374	628	ਤਾ ਜਪਿਆ ਨਾਮੁ ਰਮਾਣਾ॥		Thaa Japiaa Naam Ramaanaa ||	Then I chanted the Naam, the Name of the Pervading Lord.	ਤਦੋਂ ਹੀ ਪਰਮਾਤਮਾ ਦਾ ਨਾਮ ਜਪਿਆ ਜਾ ਸਕਦਾ ਹੈ।
27375	628	ਗੋਬਿੰਦ ਕਿਰਪਾ ਧਾਰੀ॥		Gobindh Kirapaa Dhhaaree ||	The Lord of the Universe extended His Mercy to me,	ਪਰਮਾਤਮਾ ਨੇ ਮੇਹਰ ਕੀਤੀ (ਗੁਰੂ ਮਿਲਾਇਆ! ਗੁਰੂ ਦੀ ਕਿਰਪਾ ਨਾਲ ਅਸਾਂ ਨਾਮ ਜਪਿਆ, ਤਾਂ)
27376	628	ਪ੍ਰਭਿ ਰਾਖੀ ਪੈਜ ਹਮਾਰੀ॥੧॥		Prabh Raakhee Paij Hamaaree ||1||	And God saved my honor. ||1||	ਪਰਮਾਤਮਾ ਨੇ ਸਾਡੀ ਲਾਜ ਰੱਖ ਲਈ (ਬਿਖੈ ਠਗਉਰੀ ਤੋਂ ਬਚਾ ਲਿਆ) ॥੧॥

27377	628	ਹਰਿ ਕੇ ਚਰਨ ਸਦਾ ਸੁਖਦਾਈ॥		Har Kae Charan Sadhaa Sukhadhaaee ||	The Lord's feet are forever peace-giving.	ਹੇ ਭਾਈ! ਪਰਮਾਤਮਾ ਦੇ ਚਰਨ ਸਦਾ ਸੁਖ ਦੇਣ ਵਾਲੇ ਹਨ।
27378	628	ਜੋ ਇਛਹਿ ਸੋਈ ਫਲੁ ਪਾਵਹਿ ਬਿਰਥੀ ਆਸ ਨ ਜਾਈ॥੧॥ਰਹਾਉ॥		Jo Eishhehi Soee Fal Paavehi Birathhee Aas N Jaaee ||1|| Rehaao ||	Whatever fruit one desires, he receives; his hopes shall not go in vain. ||1||Pause||	(ਜੇਹੜੇ ਮਨੁੱਖ ਹਰਿ-ਚਰਨਾਂ ਦਾ ਆਸਰਾ ਲੈਂਦੇ ਹਨ, ਉਹ) ਜੋ ਕੁਝ (ਪਰਮਾਤਮਾ ਪਾਸੋਂ) ਮੰਗਦੇ ਹਨ ਉਹੀ ਫਲ ਪ੍ਰਾਪਤ ਕਰ ਲੈਂਦੇ ਹਨ। (ਪਰਮਾਤਮਾ ਦੀ ਸਹੈਤਾ ਉਤੇ ਰੱਖੀ ਹੋਈ ਕੋਈ ਭੀ) ਆਸ ਖ਼ਾਲੀ ਨਹੀਂ ਜਾਂਦੀ ॥੧॥ ਰਹਾਉ ॥
27379	628	ਕ੍ਰਿਪਾ ਕਰੇ ਜਿਸੁ ਪ੍ਰਾਨਪਤਿ ਦਾਤਾ ਸੋਈ ਸੰਤੁ ਗੁਣ ਗਾਵੈ॥		Kirapaa Karae Jis Praanapath Dhaathaa Soee Santh Gun Gaavai ||	That Saint, unto whom the Lord of Life, the Great Giver, extends His Mercy - he alone sings the Glorious Praises of the Lord.	ਹੇ ਭਾਈ! ਜੀਵਨ ਦਾ ਮਾਲਕ ਦਾਤਾਰ ਪ੍ਰਭੂ ਜਿਸ ਮਨੁੱਖ ਉਤੇ ਮੇਹਰ ਕਰਦਾ ਹੈ ਉਹ ਸੰਤ (ਸੁਭਾਉ ਬਣ ਜਾਂਦਾ ਹੈ, ਤੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਹੈ।
27380	628	ਪ੍ਰੇਮ ਭਗਤਿ ਤਾ ਕਾ ਮਨੁ ਲੀਣਾ ਪਾਰਬ੍ਰਹਮ ਮਨਿ ਭਾਵੈ॥੨॥		Praem Bhagath Thaa Kaa Man Leenaa Paarabreham Man Bhaavai ||2||	His soul is absorbed in loving devotional worship; his mind is pleasing to the Supreme Lord God. ||2||	ਉਸ ਮਨੁੱਖ ਦਾ ਮਨ ਪਰਮਾਤਮਾ ਦੀ ਪਿਆਰ-ਭਰੀ ਭਗਤੀ ਵਿਚ ਮਸਤ ਹੋ ਜਾਂਦਾ ਹੈ, ਉਹ ਮਨੁੱਖ ਪਰਮਾਤਮਾ ਦੇ ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ ॥੨॥

27381	628	ਆਠ ਪਹਰ ਹਰਿ ਕਾ ਜਸੁ ਰਵਣਾ ਬਿਖੈ ਠਗਉਰੀ ਲਾਥੀ॥	ਲਾੱਥੀ	Aath Pehar Har Kaa Jas Ravanaa Bikhai Thagouree Laathhee ||	Twenty-four hours a day, he chants the Praises of the Lord, and the bitter poison does not affect him.	ਹੇ ਭਾਈ! ਅੱਠੇ ਪਹਿਰ (ਹਰ ਵੇਲੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨ ਨਾਲ ਵਿਕਾਰਾਂ ਦੀ ਠਗ-ਬੂਟੀ ਦਾ ਜ਼ੋਰ ਮੁੱਕ ਜਾਂਦਾ ਹੈ।
27382	628	ਸੰਗਿ ਮਿਲਾਇ ਲੀਆ ਮੇਰੈ ਕਰਤੈ ਸੰਤ ਸਾਧ ਭਏ ਸਾਥੀ॥੩॥		Sang Milaae Leeaa Maerai Karathai Santh Saadhh Bheae Saathhee ||3||	My Creator Lord has united me with Himself, and the Holy Saints have become my companions. ||3||	(ਜਿਸ ਭੀ ਮਨੁੱਖ ਨੇ ਸਿਫ਼ਤ-ਸਾਲਾਹ ਵਿਚ ਮਨ ਜੋੜਿਆ) ਕਰਤਾਰ ਨੇ (ਉਸ ਨੂੰ) ਆਪਣੇ ਨਾਲ ਮਿਲਾ ਲਿਆ, ਸੰਤ ਜਨ ਉਸ ਦੇ ਸੰਗੀ-ਸਾਥੀ ਬਣ ਗਏ ॥੩॥
27383	628	ਕਰੁ ਗਹਿ ਲੀਨੇ ਸਰਬਸੁ ਦੀਨੇ ਆਪਹਿ ਆਪੁ ਮਿਲਾਇਆ॥	(ਸਰਬਸੁ) ਸਭ ਕੁਝ। ਸਰਬਸੁ:ਪੋਲਾ ਮਿਲਵਾਂ	Kar Gehi Leenae Sarabas Dheenae Aapehi Aap Milaaeiaa ||	Taking me by the hand, He has given me everything, and blended me with Himself.	(ਹੇ ਭਾਈ! ਗੁਰੂ ਦੀ ਸ਼ਰਨ ਪੈ ਕੇ ਜਿਸ ਭੀ ਮਨੁੱਖ ਨੇ ਪ੍ਰਭੂ-ਚਰਨਾਂ ਦਾ ਆਰਾਧਨ ਕੀਤਾ) ਪ੍ਰਭੂ ਨੇ ਉਸ ਦਾ ਹੱਥ ਫੜ ਕੇ ਉਸ ਨੂੰ ਸਭ ਕੁਝ ਬਖ਼ਸ਼ ਦਿੱਤਾ, ਪ੍ਰਭੂ ਨੇ ਉਸ ਨੂੰ ਆਪਣਾ ਆਪ ਹੀ ਮਿਲਾ ਦਿੱਤਾ।
27384	628	ਕਹੁ ਨਾਨਕ ਸਰਬ ਥੋਕ ਪੂਰਨ ਪੂਰਾ ਸਤਿਗੁਰੁ ਪਾਇਆ॥੪॥੧੫॥੭੯॥		Kahu Naanak Sarab Thhok Pooran Pooraa Sathigur Paaeiaa ||4||15||79||	Says Nanak, everything has been perfectly resolved; I have found the Perfect True Guru. ||4||15||79||	ਨਾਨਕ ਆਖਦਾ ਹੈ- ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪਿਆ, ਉਸ ਦੇ ਸਾਰੇ ਕੰਮ ਸਫਲ ਹੋ ਗਏ ॥੪॥੧੫॥੭੯॥
27385	628	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

27386	628	ਗਰੀਬੀ ਗਦਾ ਹਮਾਰੀ॥		Gareebee Gadhaa Hamaaree ||	Humility is my spiked club.	ਹੇ ਭਾਈ! ਨਿਮ੍ਰਤਾ-ਸੁਭਾਉ ਸਾਡੇ ਪਾਸ ਗੁਰਜ ਹੈ,
27387	628	ਖੰਨਾ ਸਗਲ ਰੇਨੁ ਛਾਰੀ॥		Khannaa Sagal Raen Shhaaree ||	My dagger is to be the dust of all men's feet.	ਸਭ ਦੀ ਚਰਨ-ਧੂੜ ਬਣੇ ਰਹਿਣਾ ਸਾਡੇ ਪਾਸ ਖੰਡਾ ਹੈ।
27388	628	ਇਸੁ ਆਗੈ ਕੋ ਨ ਟਿਕੈ ਵੇਕਾਰੀ॥		Eis Aagai Ko N Ttikai Vaekaaree ||	No evil-doer can withstand these weapons.	ਇਸ (ਗੁਰਜ) ਅੱਗੇ, ਇਸ (ਖੰਡੇ) ਅੱਗੇ ਕੋਈ ਭੀ ਕੁਕਰਮੀ ਟਿਕ ਨਹੀਂ ਸਕਦਾ।
27389	628	ਗੁਰ ਪੂਰੇ ਏਹ ਗਲ ਸਾਰੀ॥੧॥		Gur Poorae Eaeh Gal Saaree ||1||	The Perfect Guru has given me this understanding. ||1||	(ਸਾਨੂੰ) ਪੂਰੇ ਗੁਰੂ ਨੇ ਇਹ ਗੱਲ ਸਮਝਾ ਦਿੱਤੀ ਹੈ ॥੧॥
27390	628	ਹਰਿ ਹਰਿ ਨਾਮੁ ਸੰਤਨ ਕੀ ਓਟਾ॥		Har Har Naam Santhan Kee Outtaa ||	The Name of the Lord, Har, Har, is the support and shelter of the Saints.	ਹੇ ਭਾਈ! ਪਰਮਾਤਮਾ ਦਾ ਨਾਮ ਸੰਤ ਜਨਾਂ ਦਾ ਆਸਰਾ ਹੈ।
27391	628	ਜੋ ਸਿਮਰੈ ਤਿਸ ਕੀ ਗਤਿ ਹੋਵੈ ਉਧਰਹਿ ਸਗਲੇ ਕੋਟਾ॥੧॥ਰਹਾਉ॥		Jo Simarai This Kee Gath Hovai Oudhharehi Sagalae Kottaa ||1|| Rehaao ||	One who remembers the Lord in meditation, is emancipated; millions have been saved in this way. ||1||Pause||	ਜੇਹੜਾ ਭੀ ਮਨੁੱਖ (ਪਰਮਾਤਮਾ ਦਾ ਨਾਮ) ਸਿਮਰਦਾ ਹੈ, ਉਸ ਦੀ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ। (ਨਾਮ ਦੀ ਬਰਕਤਿ ਨਾਲ) ਸਾਰੇ ਕ੍ਰੋੜਾਂ ਹੀ ਜੀਵ (ਵਿਕਾਰਾਂ ਤੋਂ) ਬਚ ਜਾਂਦੇ ਹਨ ॥੧॥ ਰਹਾਉ ॥
27392	628	ਸੰਤ ਸੰਗਿ ਜਸੁ ਗਾਇਆ॥		Santh Sang Jas Gaaeiaa ||	In the Society of the Saints, I sing His Praises.	ਜਿਸ ਮਨੁੱਖ ਨੇ ਸੰਤ ਜਨਾਂ ਦੀ ਸੰਗਤਿ ਵਿਚ (ਬੈਠ ਕੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਇਆ ਹੈ,

27393	628	ਇਹੁ ਪੂਰਨ ਹਰਿ ਧਨੁ ਪਾਇਆ॥		Eihu Pooran Har Dhhan Paaeiaa ||	I have found this, the perfect wealth of the Lord.	ਉਸ ਨੇ ਇਹ ਹਰਿ-ਨਾਮ ਧਨ ਪ੍ਰਾਪਤ ਕਰ ਲਿਆ ਹੈ ਜੋ ਕਦੇ ਭੀ ਨਹੀਂ ਮੁੱਕਦਾ।
27394	628	ਕਹੁ ਨਾਨਕ ਆਪੁ ਮਿਟਾਇਆ॥		Kahu Naanak Aap Mittaaeiaa ||	Says Nanak, I have eradicated my self-conceit.	ਨਾਨਕ ਆਖਦਾ ਹੈ- ਉਸ ਮਨੁੱਖ ਨੇ (ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲਿਆ ਹੈ,
27395	628	ਸਭੁ ਪਾਰਬ੍ਰਹਮੁ ਨਦਰੀ ਆਇਆ॥੨॥੧੬॥੮੦॥		Sabh Paarabreham Nadharee Aaeiaa ||2||16||80||	I see the Supreme Lord God everywhere. ||2||16||80||	ਉਸ ਨੂੰ ਹਰ ਥਾਂ ਪਰਮਾਤਮਾ ਹੀ (ਵੱਸਦਾ) ਦਿੱਸ ਪਿਆ ਹੈ ॥੨॥੧੬॥੮੦॥
27396	628	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27397	628	ਗੁਰਿ ਪੂਰੈ ਪੂਰੀ ਕੀਨੀ॥		Gur Poorai Pooree Keenee ||	The Perfect Guru has done it perfectly.	ਹੇ ਭਾਈ! ਜਿਸ ਮਨੁੱਖ ਉਤੇ ਪੂਰੇ ਗੁਰੂ ਨੇ ਪੂਰੀ ਕਿਰਪਾ ਕੀਤੀ,
27398	628	ਬਖਸ ਅਪੁਨੀ ਕਰਿ ਦੀਨੀ॥		Bakhas Apunee Kar Dheenee ||	He blessed me with forgiveness.	ਉਸ ਨੂੰ ਗੁਰੂ ਨੇ ਆਪਣੇ ਦਰ ਤੋਂ ਪ੍ਰਭੂ ਦੀ ਭਗਤੀ ਦੀ ਦਾਤਿ ਦੇ ਦਿੱਤੀ।
27399	628	ਨਿਤ ਅਨੰਦ ਸੁਖ ਪਾਇਆ॥		Nith Anandh Sukh Paaeiaa ||	I have found lasting peace and bliss.	ਉਹ ਮਨੁੱਖ ਸਦਾ ਆਤਮਕ ਸੁਖ ਆਤਮਕ ਆਨੰਦ ਮਾਣਨ ਲੱਗ ਪਿਆ।
27400	628	ਥਾਵ ਸਗਲੇ ਸੁਖੀ ਵਸਾਇਆ॥੧॥		Thhaav Sagalae Sukhee Vasaaeiaa ||1||	Everywhere, the people dwell in peace. ||1||	ਗੁਰੂ ਨੇ ਉਸ ਦੇ ਸਾਰੇ ਗਿਆਨ-ਇੰਦ੍ਰਿਆਂ ਨੂੰ (ਵਿਕਾਰਾਂ ਵਲੋਂ ਬਚਾ ਕੇ) ਸ਼ਾਂਤੀ ਵਿਚ ਟਿਕਾ ਦਿੱਤਾ ॥੧॥

27401	628	ਹਰਿ ਕੀ ਭਗਤਿ ਫਲ ਦਾਤੀ॥	ਦਾਤੀ:ਪੋਲਾ ਬੋਲੋ	Har Kee Bhagath Fal Dhaathee ||	Devotional worship to the Lord is what gives rewards.	ਹੇ ਭਾਈ! ਪਰਮਾਤਮਾ ਦੀ ਭਗਤੀ ਸਾਰੇ ਫਲ ਦੇਣ ਵਾਲੀ ਹੈ।
27402	628	ਗੁਰਿ ਪੂਰੈ ਕਿਰਪਾ ਕਰਿ ਦੀਨੀ ਵਿਰਲੈ ਕਿਨਹੀ ਜਾਤੀ॥ਰਹਾਉ॥	ਜੱਾਤੀ	Gur Poorai Kirapaa Kar Dheenee Viralai Kin Hee Jaathee || Rehaao ||	The Perfect Guru, by His Grace, gave it to me; how rare are those who know this. ||Pause||	ਪੂਰੇ ਗੁਰੂ ਨੇ (ਜਿਸ ਮਨੁੱਖ ਉੱਤੇ) ਮੇਹਰ ਕਰ ਦਿੱਤੀ (ਉਸ ਨੇ ਪ੍ਰਭੂ ਦੀ ਭਗਤੀ ਕਰਨੀ ਸ਼ੁਰੂ ਕਰ ਦਿੱਤੀ। ਪਰ, ਹੇ ਭਾਈ!) ਕਿਸੇ ਵਿਰਲੇ ਮਨੁੱਖ ਨੇ ਹੀ ਪਰਮਾਤਮਾ ਦੀ ਭਗਤੀ ਦੀ ਕਦਰ ਸਮਝੀ ਹੈ ਰਹਾਉ॥
27403	628	ਗੁਰਬਾਣੀ ਗਾਵਹ ਭਾਈ॥	ਗਾ–ਵਹ	Gurabaanee Gaaveh Bhaaee ||	Sing the Word of the Guru's Bani, O Siblings of Destiny.	ਹੇ ਭਾਈ! ਆਓ ਅਸੀਂ ਭੀ ਗੁਰੂ ਦੀ ਬਾਣੀ ਗਾਵਿਆ ਕਰੀਏ।
27404	628	ਓਹ ਸਫਲ ਸਦਾ ਸੁਖਦਾਈ॥		Ouh Safal Sadhaa Sukhadhaaee ||	That is always rewarding and peace-giving.	ਗੁਰੂ ਦੀ ਬਾਣੀ ਸਦਾ ਹੀ ਸਾਰੇ ਫਲ ਦੇਣ ਵਾਲੀ ਸੁਖ ਦੇਣ ਵਾਲੀ ਹੈ।
27405	628	ਨਾਨਕ ਨਾਮੁ ਧਿਆਇਆ॥		Naanak Naam Dhhiaaeiaa ||	Nanak has meditated on the Naam, the Name of the Lord.	ਹੇ ਨਾਨਕ! (ਆਖ-) (ਉਸੇ ਮਨੁੱਖ ਨੇ ਗੁਰਬਾਣੀ ਦੀ ਰਾਹੀਂ ਪਰਮਾਤਮਾ ਦਾ) ਨਾਮ ਸਿਮਰਿਆ ਹੈ,
27406	628	ਪੂਰਬਿ ਲਿਖਿਆ ਪਾਇਆ॥੨॥੧੭॥੮੧॥		Poorab Likhiaa Paaeiaa ||2||17||81||	He has realized his pre-ordained destiny. ||2||17||81||	ਜਿਸ ਨੇ ਪੂਰਬਲੇ ਜਨਮ ਵਿਚ ਲਿਖਿਆ ਭਗਤੀ ਦਾ ਲੇਖ ਪ੍ਰਾਪਤ ਕੀਤਾ ਹੈ ॥੨॥੧੭॥੮੧॥
27407	628	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

27408	629	ਗੁਰੁ ਪੂਰਾ ਆਰਾਧੇ॥		Gur Pooraa Aaraadhhae ||	I worship and adore the Perfect Guru.	ਹੇ ਸੰਤ ਜਨੋ! ਜਿਨ੍ਹਾਂ ਮਨੁੱਖਾਂ ਨੇ ਪੂਰੇ ਗੁਰੂ ਦਾ ਧਿਆਨ ਧਰਿਆ,
27409	629	ਕਾਰਜ ਸਗਲੇ ਸਾਧੇ॥		Kaaraj Sagalae Saadhhae ||	All my affairs have been resolved.	ਉਹਨਾਂ ਆਪਣੇ ਸਾਰੇ ਕੰਮ ਸਵਾਰ ਲਏ।
27410	629	ਸਗਲ ਮਨੋਰਥ ਪੂਰੇ॥		Sagal Manorathh Poorae ||	All desires have been fulfilled.	ਉਹਨਾਂ ਦੀਆਂ ਸਾਰੀਆਂ ਮਨੋ-ਕਾਮਨਾ ਪੂਰੀਆਂ ਹੋ ਗਈਆਂ,
27411	629	ਬਾਜੇ ਅਨਹਦ ਤੂਰੇ॥੧॥	ਬਾੱਜੇ	Baajae Anehadh Thoorae ||1||	The unstruck melody of the sound current resounds. ||1||	ਉਹਨਾਂ ਦੇ ਅੰਦਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਵਾਜੇ ਇਕ-ਰਸ ਵੱਜਦੇ ਰਹਿੰਦੇ ਹਨ ॥੧॥
27412	629	ਸੰਤਹੁ ਰਾਮ ਜਪਤ ਸੁਖੁ ਪਾਇਆ॥		Santhahu Raam Japath Sukh Paaeiaa ||	O Saints, meditating on the Lord, we obtain peace.	ਹੇ ਸੰਤ ਜਨੋ! ਪਰਮਾਤਮਾ ਦਾ ਨਾਮ ਜਪ ਕੇ ਉਹ ਮਨੁੱਖ ਆਤਮਕ ਸੁਖ ਮਾਣਦੇ ਹਨ,
27413	629	ਸੰਤ ਅਸਥਾਨਿ ਬਸੇ ਸੁਖ ਸਹਜੇ ਸਗਲੇ ਦੂਖ ਮਿਟਾਇਆ॥੧॥ਰਹਾਉ॥		Santh Asathhaan Basae Sukh Sehajae Sagalae Dhookh Mittaaeiaa ||1|| Rehaao ||	In the home of the Saints, celestial peace is pervading; all pain and suffering is dispelled. ||1||Pause||	ਜੇਹੜੇ ਮਨੁੱਖ ਸਾਧ ਸੰਗਤਿ ਵਿਚ ਆ ਟਿਕਦੇ ਹਨ, ਉਹ ਆਤਮਕ ਅਡੋਲਤਾ ਵਿਚ ਲੀਨ ਰਹਿ ਕੇ ਆਤਮਕ ਆਨੰਦ ਹਾਸਲ ਕਰਦੇ ਹਨ। ਉਹ ਆਪਣੇ ਸਾਰੇ ਦੁੱਖ ਦੂਰ ਕਰ ਲੈਂਦੇ ਹਨ ॥੧॥ ਰਹਾਉ ॥
27414	629	ਗੁਰ ਪੂਰੇ ਕੀ ਬਾਣੀ॥		Gur Poorae Kee Baanee ||	The Word of the Perfect Guru's Bani	ਪੂਰੇ ਗੁਰੂ ਦੀ ਬਾਣੀ-
27415	629	ਪਾਰਬ੍ਰਹਮ ਮਨਿ ਭਾਣੀ॥		Paarabreham Man Bhaanee ||	Is pleasing to the Mind of the Supreme Lord God.	ਜਿਹੜੀ ਪਰਮਾਤਮਾ ਦੇ ਮਨ ਵਿਚ (ਭੀ) ਪਿਆਰੀ ਲੱਗਦੀ ਹੈ,

27416	629	ਨਾਨਕ ਦਾਸਿ ਵਖਾਣੀ॥		Naanak Dhaas Vakhaanee ||	Slave Nanak speaks	ਹੇ ਨਾਨਕ! (ਕਿਸੇ ਵਿਰਲੇ) ਦਾਸ ਨੇ ਹੀ (ਆਤਮਕ ਅਡੋਲਤਾ ਵਿਚ ਟਿਕ ਕੇ) ਉਚਾਰੀ ਹੈ।
27417	629	ਨਿਰਮਲ ਅਕਥ ਕਹਾਣੀ॥੨॥੧੮॥੮੨॥	ਅ-ਕਥ:ਪੋਲਾ ਬੋਲੋ	Niramal Akathh Kehaanee ||2||18||82||	The Unspoken, immaculate sermon of the Lord. ||2||18||82||	(ਕਿਉਂਕਿ) ਇਹ (ਪੜ੍ਹਨ ਵਾਲੇ ਦਾ ਜੀਵਨ) ਪਵਿਤ੍ਰ ਕਰਨ ਵਾਲੀ ਹੈ, ਇਹ ਬਾਣੀ ਉਸ ਪ੍ਰਭੂ ਦੀ ਸਿਫ਼ਤ-ਸਾਲਾਹ ਹੈ ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ ॥੨॥੧੮॥੮੨॥
27418	629	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27419	629	ਭੂਖੇ ਖਾਵਤ ਲਾਜ ਨ ਆਵੈ॥	ਭੁੱਖੇ	Bhookhae Khaavath Laaj N Aavai ||	The hungry man is not ashamed to eat.	ਹੇ ਭਾਈ! ਜਿਵੇਂ (ਜੇ ਕਿਸੇ ਭੁੱਖੇ ਮਨੁੱਖ ਨੂੰ ਕੁਝ ਖਾਣ ਨੂੰ ਮਿਲ ਜਾਏ, ਤਾਂ ਉਹ) ਭੁੱਖਾ ਮਨੁੱਖ ਖਾਂਦਿਆਂ ਸ਼ਰਮ ਮਹਿਸੂਸ ਨਹੀਂ ਕਰਦਾ,
27420	629	ਤਿਉ ਹਰਿ ਜਨੁ ਹਰਿ ਗੁਣ ਗਾਵੈ॥੧॥		Thio Har Jan Har Gun Gaavai ||1||	Just so, the humble servant of the Lord sings the Glorious Praises of the Lord. ||1||	ਇਸੇ ਤਰ੍ਹਾਂ ਪਰਮਾਤਮਾ ਦਾ ਸੇਵਕ (ਆਪਣੀ ਆਤਮਕ ਭੁੱਖ ਮਿਟਾਣ ਲਈ ਬੜੇ ਚਾਅ ਨਾਲ) ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਹੈ ॥੧॥
27421	629	ਅਪਨੇ ਕਾਜ ਕਉ ਕਿਉ ਅਲਕਾਈਐ॥	(ਅਲਕਾਈਐ) ਆਲਸ ਕਰੀਏ	Apanae Kaaj Ko Kio Alakaaeeai ||	Why are you so lazy in your own affairs?	ਹੇ ਭਾਈ! (ਉਹ ਸਿਮਰਨ ਜੋ ਸਾਡਾ ਅਸਲ ਕੰਮ ਹੈ) ਆਪਣੇ (ਇਸ ਅਸਲ) ਕੰਮ ਦੀ ਖ਼ਾਤਰ ਕਦੇ ਭੀ ਆਲਸ ਨਹੀਂ ਕਰਨਾ ਚਾਹੀਦਾ,

27422	629	ਜਿਤੁ ਸਿਮਰਨਿ ਦਰਗਹ ਮੁਖੁ ਊਜਲ ਸਦਾ ਸਦਾ ਸੁਖੁ ਪਾਈਐ॥੧॥ਰਹਾਉ ॥		Jith Simaran Dharageh Mukh Oojal Sadhaa Sadhaa Sukh Paaeeai ||1|| Rehaao ||	Remembering Him in meditation, your face shall be radiant in the Court of the Lord; you shall find peace, forever and ever. ||1||Pause||	ਜਿਸ ਸਿਮਰਨ ਦੀ ਬਰਕਤਿ ਨਾਲ ਪਰਮਾਤਮਾ ਦੀ ਹਜ਼ੂਰੀ ਵਿਚ ਸੁਰਖ਼ਰੂ ਹੋਈਦਾ ਹੈ, ਤੇ, ਸਦਾ ਹੀ ਆਤਮਕ ਆਨੰਦ ਮਾਣੀਦਾ ਹੈ ॥੧॥ ਰਹਾਉ ॥
27423	629	ਜਿਉ ਕਾਮੀ ਕਾਮਿ ਲੁਭਾਵੈ॥		Jio Kaamee Kaam Lubhaavai ||	Just as the lustful man is enticed by lust,	ਹੇ ਭਾਈ! ਜਿਵੇਂ ਕੋਈ ਵਿਸ਼ਈ ਮਨੁੱਖ ਕਾਮ-ਵਾਸ਼ਨਾ ਵਿਚ ਹੀ ਮਗਨ ਰਹਿੰਦਾ ਹੈ,
27424	629	ਤਿਉ ਹਰਿ ਦਾਸ ਹਰਿ ਜਸੁ ਭਾਵੈ॥੨॥		Thio Har Dhaas Har Jas Bhaavai ||2||	So is the Lord's slave pleased with the Lord's Praise. ||2||	ਤਿਵੇਂ ਪਰਮਾਤਮਾ ਦੇ ਸੇਵਕ ਨੂੰ ਪਰਮਾਤਮਾ ਦੀ ਸਿਫ਼ਤ-ਸਾਲਾਹ ਹੀ ਚੰਗੀ ਲੱਗਦੀ ਹੈ ॥੨॥
27425	629	ਜਿਉ ਮਾਤਾ ਬਾਲਿ ਲਪਟਾਵੈ॥		Jio Maathaa Baal Lapattaavai ||	Just as the mother holds her baby close,	ਹੇ ਭਾਈ! ਜਿਵੇਂ ਮਾਂ ਆਪਣੇ ਬੱਚੇ (ਦੇ ਮੋਹ) ਨਾਲ ਚੰਬੜੀ ਰਹਿੰਦੀ ਹੈ,
27426	629	ਤਿਉ ਗਿਆਨੀ ਨਾਮੁ ਕਮਾਵੈ॥੩॥		Thio Giaanee Naam Kamaavai ||3||	So does the spiritual person cherish the Naam, the Name of the Lord. ||3||	ਤਿਵੇਂ ਆਤਮਕ ਜੀਵਨ ਦੀ ਸੂਝ ਵਾਲਾ ਮਨੁੱਖ ਨਾਮ (-ਸਿਮਰਨ ਦੀ) ਕਮਾਈ ਕਰਦਾ ਹੈ ॥੩॥
27427	629	ਗੁਰ ਪੂਰੇ ਤੇ ਪਾਵੈ॥		Gur Poorae Thae Paavai ||	This is obtained from the Perfect Guru.	ਪਰ, ਜੇਹੜਾ (ਇਹ ਦਾਤਿ) ਪੂਰੇ ਗੁਰੂ ਤੋਂ ਹਾਸਲ ਕਰਦਾ ਹੈ,

27428	629	ਜਨ ਨਾਨਕ ਨਾਮੁ ਧਿਆਵੈ॥੪॥੧੯॥੮੩॥		Jan Naanak Naam Dhhiaavai ||4||19||83||	Servant Nanak meditates on the Naam, the Name of the Lord. ||4||19||83||	ਹੇ ਦਾਸ ਨਾਨਕ! (ਉਹੀ ਮਨੁੱਖ ਪਰਮਾਤਮਾ ਦਾ) ਨਾਮ ਸਿਮਰਦਾ ਹੈ ॥੪॥੧੯॥੮੩॥
27429	629	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27430	629	ਸੁਖ ਸਾਂਦਿ ਘਰਿ ਆਇਆ॥		Sukh Saandh Ghar Aaeiaa ||	Safe and sound, I have returned home.	(ਹੇ ਸੰਤ ਜਨੋ!) ਉਹ ਮਨੁੱਖ ਪੂਰੀ ਆਤਮਕ ਅਰੋਗਤਾ ਨਾਲ ਆਪਣੇ ਹਿਰਦੇ-ਘਰ ਵਿਚ (ਸਦਾ ਲਈ) ਟਿਕ ਗਿਆ,
27431	629	ਨਿੰਦਕ ਕੈ ਮੁਖਿ ਛਾਇਆ॥		Nindhak Kai Mukh Shhaaeiaa ||	The slanderer's face is blackened with ashes.	ਉਸ ਦੀ ਨਿੰਦਾ ਕਰਨ ਵਾਲੇ ਦੇ ਮੂੰਹ ਉੱਤੇ ਸੁਆਹ ਹੀ ਪਈ (ਪ੍ਰਭੂ ਦੇ ਦਾਸ ਦੇ ਨਿੰਦਕ ਨੇ ਸਦਾ ਬਦਨਾਮੀ ਦਾ ਟਿੱਕਾ ਹੀ ਖੱਟਿਆ),
27432	629	ਪੂਰੈ ਗੁਰਿ ਪਹਿਰਾਇਆ॥		Poorai Gur Pehiraaeiaa ||	The Perfect Guru has dressed in robes of honor.	ਪਰਮਾਤਮਾ ਦੀ ਕਿਰਪਾ ਨਾਲ ਜਿਸ ਮਨੁੱਖ ਨੂੰ) ਪੂਰੇ ਗੁਰੂ ਨੇ ਆਦਰ-ਮਾਣ ਬਖ਼ਸ਼ਿਆ।
27433	629	ਬਿਨਸੇ ਦੁਖ ਸਬਾਇਆ॥੧॥		Binasae Dhukh Sabaaeiaa ||1||	All my pains and sufferings are over. ||1||	ਉਸ ਦੇ ਸਾਰੇ ਹੀ ਦੁੱਖ ਦੂਰ ਹੋ ਗਏ ॥੧॥
27434	629	ਸੰਤਹੁ ਸਾਚੇ ਕੀ ਵਡਿਆਈ॥		Santhahu Saachae Kee Vaddiaaee ||	O Saints, this is the glorious greatness of the True Lord.	ਹੇ ਸੰਤ ਜਨੋ! (ਵੇਖੋ) ਵੱਡੀ ਸ਼ਾਨ ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ,

27435	629	ਜਿਨਿ ਅਚਰਜ ਸੋਭ ਬਣਾਈ॥੧॥ਰਹਾਉ॥	ਅ-ਚਰਜ	Jin Acharaj Sobh Banaaee ||1|| Rehaao ||	He has created such wonder and glory! ||1||Pause||	ਜਿਸ ਨੇ (ਆਪਣੇ ਦਾਸ ਦੀ ਸਦਾ ਹੀ) ਹੈਰਾਨ ਕਰ ਦੇਣ ਵਾਲੀ ਸੋਭਾ ਬਣਾ ਦਿੱਤੀ ਹੈ ॥੧॥ ਰਹਾਉ ॥
27436	629	ਬੋਲੇ ਸਾਹਿਬ ਕੈ ਭਾਣੈ॥		Bolae Saahib Kai Bhaanai ||	I speak according to the Will of my Lord and Master.	(ਪ੍ਰਭੂ ਦੇ ਜਿਸ ਸੇਵਕ ਨੂੰ ਗੁਰੂ ਨੇ ਇੱਜ਼ਤ ਬਖ਼ਸ਼ੀ, ਉਹ ਸੇਵਕ ਸਦਾ) ਪਰਮਾਤਮਾ ਦੀ ਰਜ਼ਾ ਵਿਚ ਹੀ ਬਚਨ ਬੋਲਦਾ ਹੈ,
27437	629	ਦਾਸੁ ਬਾਣੀ ਬ੍ਰਹਮੁ ਵਖਾਣੈ॥		Dhaas Baanee Breham Vakhaanai ||	God's slave chants the Word of His Bani.	ਉਹ ਸੇਵਕ (ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ) ਬਾਣੀ ਸਦਾ ਉਚਾਰਦਾ ਹੈ, ਪਰਮਾਤਮਾ ਦਾ ਨਾਮ ਉਚਾਰਦਾ ਹੈ।
27438	629	ਨਾਨਕ ਪ੍ਰਭ ਸੁਖਦਾਈ॥		Naanak Prabh Sukhadhaaee ||	O Nanak, God is the Giver of peace.	ਹੇ ਨਾਨਕ! ਉਹ ਪਰਮਾਤਮਾ ਸਦਾ (ਆਪਣੇ ਸੇਵਕ ਨੂੰ) ਸੁਖ ਦੇਣ ਵਾਲਾ ਹੈ,
27439	629	ਜਿਨਿ ਪੂਰੀ ਬਣਤ ਬਣਾਈ॥੨॥੨੦॥੮੪॥		Jin Pooree Banath Banaaee ||2||20||84||	He has created the perfect creation. ||2||20||84||	ਹੇ ਭਾਈ! ਜਿਸ ਪਰਮਾਤਮਾ ਨੇ (ਨਾਮ-ਸਿਮਰਨ ਦੀ ਇਹ) ਕਦੇ ਉਕਾਈ ਨਾਹ ਖਾਣ ਵਾਲੀ ਵਿਓਂਤ ਬਣਾ ਦਿੱਤੀ ਹੈ ॥੨॥੨੦॥੮੪॥
27440	629	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27441	629	ਪ੍ਰਭੁ ਅਪੁਨਾ ਰਿਦੈ ਧਿਆਏ॥		Prabh Apunaa Ridhai Dhhiaaeae ||	Within my heart, I meditate on God.	ਹੇ ਸੰਤ ਜਨੋ! ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ,

27442	629	ਘਰਿ ਸਹੀ ਸਲਾਮਤਿ ਆਏ॥		Ghar Sehee Salaamath Aaeae ||	I have returned home safe and sound.	ਉਹ ਮਨੁੱਖ ਆਪਣੀ ਆਤਮਕ ਜੀਵਨ ਦੀ ਰਾਸਿ-ਪੂੰਜੀ ਨੂੰ ਵਿਕਾਰਾਂ ਤੋਂ ਪੂਰੀ ਤਰ੍ਹਾਂ ਬਚਾ ਕੇ ਹਿਰਦੇ-ਘਰ ਵਿਚ ਟਿਕਿਆ ਰਹਿੰਦਾ ਹੈ।
27443	629	ਸੰਤੋਖੁ ਭਇਆ ਸੰਸਾਰੇ॥		Santhokh Bhaeiaa Sansaarae ||	The world has become contented.	ਦੁਨੀਆ ਦੀ ਕਿਰਤ-ਕਾਰ ਕਰਦਿਆਂ ਭੀ (ਉਸ ਦੇ ਮਨ ਵਿਚ ਮਾਇਆ ਵਲੋਂ) ਸੰਤੋਖ ਬਣਿਆ ਰਹਿੰਦਾ ਹੈ।
27444	629	ਗੁਰਿ ਪੂਰੈ ਲੈ ਤਾਰੇ॥੧॥		Gur Poorai Lai Thaarae ||1||	The Perfect Guru has saved me. ||1||	ਪੂਰੇ ਗੁਰੂ ਨੇ ਉਸ ਦੀ ਬਾਂਹ ਫੜ ਕੇ ਉਸ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲਿਆ ਹੁੰਦਾ ਹੈ ॥੧॥
27445	629	ਸੰਤਹੁ ਪ੍ਰਭੁ ਮੇਰਾ ਸਦਾ ਦਇਆਲਾ॥	ਦਇਆਲਾ	Santhahu Prabh Maeraa Sadhaa Dhaeiaalaa ||	O Saints, my God is forever merciful.	ਹੇ ਸੰਤ ਜਨੋ! ਮੇਰਾ ਪ੍ਰਭੂ (ਆਪਣੇ ਸੇਵਕਾਂ ਉਤੇ) ਸਦਾ ਹੀ ਦਇਆਵਾਨ ਰਹਿੰਦਾ ਹੈ।
27446	629	ਅਪਨੇ ਭਗਤ ਕੀ ਗਣਤ ਨ ਗਣਈ ਰਾਖੈ ਬਾਲ ਗੁਪਾਲਾ॥੧॥ਰਹਾਉ ॥		Apanae Bhagath Kee Ganath N Ganee Raakhai Baal Gupaalaa ||1|| Rehaao ||	The Lord of the world does not call His devotee to account; He protects His children. ||1||Pause||	ਪ੍ਰਭੂ ਆਪਣੇ ਭਗਤਾਂ ਦੇ ਕਰਮਾਂ ਦਾ ਲੇਖਾ ਨਹੀਂ ਵਿਚਾਰਦਾ, (ਕਿਉਂਕਿ) ਸ੍ਰਿਸ਼ਟੀ ਦਾ ਪਾਲਕ-ਪ੍ਰਭੂ ਬੱਚਿਆਂ ਵਾਂਗ (ਸੇਵਕਾਂ ਨੂੰ ਵਿਕਾਰਾਂ ਤੋਂ) ਬਚਾਈ ਰੱਖਦਾ ਹੈ (ਇਸ ਕਰਕੇ ਉਹਨਾਂ ਦਾ ਵਿਕਾਰਾਂ ਦਾ ਲੇਖਾ ਕੋਈ ਰਹਿ ਹੀ ਨਹੀਂ ਜਾਂਦਾ ॥੧॥ ਰਹਾਉ ॥

27447	629	ਹਰਿ ਨਾਮੁ ਰਿਦੈ ਉਰਿ ਧਾਰੇ॥		Har Naam Ridhai Our Dhhaarae ||	I have enshrined the Lord's Name within my heart.	ਹੇ ਸੰਤ ਜਨੋ! ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ,
27448	629	ਤਿਨਿ ਸਭੇ ਥੋਕ ਸਵਾਰੇ॥		Thin Sabhae Thhok Savaarae ||	He has resolved all my affairs.	(ਯਕੀਨ ਜਾਣੋ) ਉਸ ਨੇ ਆਪਣੇ ਸਾਰੇ ਆਤਮਕ ਗੁਣ ਸੋਹਣੇ ਬਣਾ ਲਏ ਹਨ।
27449	629	ਗੁਰਿ ਪੂਰੈ ਤੁਸਿ ਦੀਆ॥	ਤੁੱਸਿ	Gur Poorai Thus Dheeaa ||	The Perfect Guru was pleased, and blessed me,	ਪੂਰੇ ਗੁਰੂ ਨੇ (ਜਿਸ ਮਨੁੱਖ ਨੂੰ) ਪ੍ਰਸੰਨ ਹੋ ਕੇ ਨਾਮ ਦੀ ਦਾਤਿ ਬਖ਼ਸ਼ੀ,
27450	629	ਫਿਰਿ ਨਾਨਕ ਦੂਖੁ ਨ ਥੀਆ॥੨॥੨੧॥੮੫॥		Fir Naanak Dhookh N Thheeaa ||2||21||85||	And now, Nanak shall never again suffer pain. ||2||21||85||	ਹੇ ਨਾਨਕ! ਉਸ ਨੂੰ ਮੁੜ ਕਦੇ ਕੋਈ ਦੁੱਖ ਪੋਹ ਨਾਹ ਸਕਿਆ ॥੨॥੨੧॥੮੫॥
27451	629	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27452	629	ਹਰਿ ਮਨਿ ਤਨਿ ਵਸਿਆ ਸੋਈ॥		Har Man Than Vasiaa Soee ||	The Lord abides in my mind and body.	ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਤਨ ਵਿਚ ਉਹ ਪਰਮਾਤਮਾ ਹੀ ਵੱਸਿਆ ਰਹਿੰਦਾ ਹੈ,
27453	629	ਜੈ ਜੈਕਾਰੁ ਕਰੇ ਸਭੁ ਕੋਈ॥		Jai Jai Kaar Karae Sabh Koee ||	Everyone congratulates me on my victory.	ਹਰੇਕ ਜੀਵ ਉਸ ਦੀ ਸੋਭਾ ਕਰਦਾ ਹੈ।

27454	629	ਗੁਰ ਪੂਰੇ ਕੀ ਵਡਿਆਈ॥		Gur Poorae Kee Vaddiaaee ||	This is the glorious greatness of the Perfect Guru.	(ਪਰ ਇਹ) ਪੂਰੇ ਗੁਰੂ ਦੀ ਹੀ ਬਖ਼ਸ਼ਸ਼ ਹੈ (ਜਿਸ ਦੀ ਮੇਹਰ ਨਾਲ ਪਰਮਾਤਮਾ ਦੀ ਯਾਦ ਕਿਸੇ ਵਡਭਾਗੀ ਦੇ ਮਨ ਤਨ ਵਿਚ ਵੱਸਦੀ ਹੈ)
27455	629	ਤਾ ਕੀ ਕੀਮਤਿ ਕਹੀ ਨ ਜਾਈ॥੧॥		Thaa Kee Keemath Kehee N Jaaee ||1||	His value cannot be described. ||1||	ਗੁਰੂ ਦੀ ਬਖ਼ਸ਼ਸ਼ ਦਾ ਮੁੱਲ ਨਹੀਂ ਪੈ ਸਕਦਾ ॥੧॥
27456	629	ਹਉ ਕੁਰਬਾਨੁ ਜਾਈ ਤੇਰੇ ਨਾਵੈ॥		Ho Kurabaan Jaaee Thaerae Naavai ||	I am a sacrifice to Your Name.	ਹੇ ਮੇਰੇ ਪਿਆਰੇ ਪ੍ਰਭੂ! ਮੈਂ ਤੇਰੇ ਨਾਮ ਤੋਂ ਸਦਕੇ ਜਾਂਦਾ ਹਾਂ।
27457	629	ਜਿਸ ਨੋ ਬਖਸਿ ਲੈਹਿ ਮੇਰੇ ਪਿਆਰੇ ਸੋ ਜਸੁ ਤੇਰਾ ਗਾਵੈ॥੧॥ਰਹਾਉ॥		Jis No Bakhas Laihi Maerae Piaarae So Jas Thaeraa Gaavai ||1|| Rehaao ||	He alone, whom You have forgiven, O my Beloved, sings Your Praises. ||1||Pause||	ਤੂੰ ਜਿਸ ਮਨੁੱਖ ਉੱਤੇ ਬਖ਼ਸ਼ਸ਼ ਕਰਦਾ ਹੈਂ, ਉਹ ਸਦਾ ਤੇਰੀ ਸਿਫ਼ਤ-ਸਾਲਾਹ ਦਾ ਗੀਤ ਗਾਂਦਾ ਹੈ ॥੧॥ ਰਹਾਉ ॥
27458	629	ਤੂੰ ਭਾਰੋ ਸੁਆਮੀ ਮੇਰਾ॥		Thoon Bhaaro Suaamee Maeraa ||	You are my Great Lord and Master.	ਹੇ ਪ੍ਰਭੂ! ਤੂੰ ਮੇਰਾ ਵੱਡਾ ਮਾਲਕ ਹੈਂ।
27459	629	ਸੰਤਾਂ ਭਰਵਾਸਾ ਤੇਰਾ॥		Santhaan Bharavaasaa Thaeraa ||	You are the support of the Saints.	ਤੇਰੇ ਸੰਤਾਂ ਨੂੰ (ਭੀ) ਤੇਰਾ ਹੀ ਸਹਾਰਾ ਰਹਿੰਦਾ ਹੈ।
27460	629	ਨਾਨਕ ਪ੍ਰਭ ਸਰਣਾਈ॥		Naanak Prabh Saranaaee ||	Nanak has entered God's Sanctuary.	ਹੇ ਨਾਨਕ! ਜੇਹੜਾ ਮਨੁੱਖ ਪ੍ਰਭੂ ਦੀ ਸ਼ਰਨ ਪਿਆ ਰਹਿੰਦਾ ਹੈ।

27461	629	ਮੁਖਿ ਨਿੰਦਕ ਕੈ ਛਾਈ॥੨॥੨੨॥੮੬॥		Mukh Nindhak Kai Shhaaee ||2||22||86||	The faces of the slanderers are blackened with ashes. ||2||22||86||	(ਉਸ ਦੀ) ਨਿੰਦਾ ਕਰਨ ਵਾਲੇ ਦੋਖੀ ਦੇ ਮੂੰਹ ਉਤੇ ਸੁਆਹ ਹੀ ਪੈਂਦੀ ਹੈ (ਪ੍ਰਭੂ ਦੀ ਸ਼ਰਨ ਪਏ ਮਨੁੱਖ ਦਾ ਕੋਈ ਕੁਝ ਵਿਗਾੜ ਨਹੀਂ ਸਕਦਾ) ॥੨॥੨੨॥੮੬॥
27462	629	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27463	629	ਆਗੈ ਸੁਖੁ ਮੇਰੇ ਮੀਤਾ॥		Aagai Sukh Maerae Meethaa ||	Peace in this world, O my friends,	ਹੇ ਮੇਰੇ ਮਿੱਤਰ! ਜਿਸ ਮਨੁੱਖ ਦੇ ਅਗਾਂਹ ਆਉਣ ਵਾਲੇ ਜੀਵਨ ਵਿਚ ਪ੍ਰਭੂ ਨੇ ਸੁਖ ਬਣਾ ਦਿੱਤਾ,
27464	629	ਪਾਛੈ ਆਨਦੁ ਪ੍ਰਭਿ ਕੀਤਾ॥		Paashhae Aanadh Prabh Keethaa ||	And bliss in the world hereafter - God has given me this.	ਜਿਸ ਦੇ ਬੀਤ ਚੁਕੇ ਜੀਵਨ ਵਿਚ ਭੀ ਪ੍ਰਭੂ ਨੇ ਆਨੰਦ ਬਣਾਈ ਰੱਖਿਆ,
27465	629	ਪਰਮੇਸੁਰਿ ਬਣਤ ਬਣਾਈ॥		Paramaesur Banath Banaaee ||	The Transcendent Lord has arranged these arrangements;	ਜਿਸ ਮਨੁੱਖ ਵਾਸਤੇ ਪਰਮੇਸਰ ਨੇ ਇਹੋ ਜਿਹੀ ਵਿਓਂਤ ਬਣਾ ਰੱਖੀ,
27466	629	ਫਿਰਿ ਡੋਲਤ ਕਤਹੂ ਨਾਹੀ॥੧॥		Fir Ddolath Kathehoo Naahee ||1||	I shall never waver again. ||1||	ਉਹ ਮਨੁੱਖ (ਲੋਕ ਪਰਲੋਕ ਵਿਚ) ਕਿਤੇ ਭੀ ਡੋਲਦਾ ਨਹੀਂ ॥੧॥
27467	629	ਸਾਚੇ ਸਾਹਿਬ ਸਿਉ ਮਨੁ ਮਾਨਿਆ॥		Saachae Saahib Sio Man Maaniaa ||	My mind is pleased with the True Lord Master.	ਹੇ ਭਾਈ! ਜਿਸ ਮਨੁੱਖ ਦਾ ਮਨ ਸਦਾ ਕਾਇਮ ਰਹਿਣ ਵਾਲੇ ਮਾਲਕ (ਦੇ ਨਾਮ) ਨਾਲ ਪਤੀਜ ਜਾਂਦਾ ਹੈ,

27468	629	ਹਰਿ ਸਰਬ ਨਿਰੰਤਰਿ ਜਾਨਿਆ॥੧॥ਰਹਾਉ ॥		Har Sarab Niranthar Jaaniaa ||1|| Rehaao ||	I know the Lord to be pervading all. ||1||Pause||	ਉਹ ਮਨੁੱਖ ਉਸ ਮਾਲਕ-ਪ੍ਰਭੂ ਨੂੰ ਸਭ ਵਿਚ ਇਕ-ਰਸ ਵੱਸਦਾ ਪਛਾਣ ਲੈਂਦਾ ਹੈ ॥੧॥ ਰਹਾਉ ॥
27469	630	ਸਭ ਜੀਅ ਤੇਰੇ ਦਇਆਲਾ॥		Sabh Jeea Thaerae Dhaeiaalaa ||	All beings are Yours, O Merciful Lord.	ਹੇ ਦਇਆ ਦੇ ਘਰ ਪ੍ਰਭੂ! ਸਾਰੇ ਜੀਵ ਤੇਰੇ ਪੈਦਾ ਕੀਤੇ ਹੋਏ ਹਨ,
27470	630	ਅਪਨੇ ਭਗਤ ਕਰਹਿ ਪ੍ਰਤਿਪਾਲਾ॥		Apanae Bhagath Karehi Prathipaalaa ||	You cherish Your devotees.	ਤੂੰ ਆਪਣੇ ਭਗਤਾਂ ਦੀ ਰਖਵਾਲੀ ਆਪ ਹੀ ਕਰਦਾ ਹੈਂ।
27471	630	ਅਚਰਜੁ ਤੇਰੀ ਵਡਿਆਈ॥	ਅ-ਚਰਜੁ	Acharaj Thaeree Vaddiaaee ||	Your glorious greatness is wonderful and marvellous.	ਹੇ ਪ੍ਰਭੂ! ਤੂੰ ਅਸਚਰਜ-ਸਰੂਪ ਹੈਂ। ਤੇਰੀ ਬਖ਼ਸ਼ਸ਼ ਭੀ ਹੈਰਾਨ ਕਰ ਦੇਣ ਵਾਲੀ ਹੈ।
27472	630	ਨਿਤ ਨਾਨਕ ਨਾਮੁ ਧਿਆਈ॥੨॥੨੩॥੮੭॥		Nith Naanak Naam Dhhiaaee ||2||23||87||	Nanak ever meditates on the Naam, the Name of the Lord. ||2||23||87||	ਹੇ ਨਾਨਕ! (ਆਖ-ਜਿਸ ਮਨੁੱਖ ਉਤੇ ਪ੍ਰਭੂ ਬਖ਼ਸ਼ਸ਼ ਕਰਦਾ ਹੈ, ਉਹ) ਸਦਾ ਉਸ ਦਾ ਨਾਮ ਸਿਮਰਦਾ ਰਹਿੰਦਾ ਹੈ ॥੨॥੨੩॥੮੭॥
27473	630	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27474	630	ਨਾਲਿ ਨਰਾਇਣੁ ਮੇਰੈ॥		Naal Naraaein Maerai ||	The Lord is always with me.	ਹੇ ਭਾਈ! ਪਰਮਾਤਮਾ ਮੇਰੇ ਨਾਲ (ਮੇਰੇ ਹਿਰਦੇ ਵਿਚ ਵੱਸ ਰਿਹਾ) ਹੈ।

27475	630	ਜਮਦੂਤੁ ਨ ਆਵੈ ਨੇਰੈ॥		Jamadhooth N Aavai Naerai ||	The Messenger of Death does not approach me.	(ਉਸ ਦੀ ਬਰਕਤਿ ਨਾਲ) ਜਮਦੂਤ ਮੇਰੇ ਨੇੜੇ ਨਹੀਂ ਢੁੱਕਦਾ (ਮੈਨੂੰ ਮੌਤ ਦਾ, ਆਤਮਕ ਮੌਤ ਦਾ ਖ਼ਤਰਾ ਨਹੀਂ ਰਿਹਾ)।
27476	630	ਕੰਠਿ ਲਾਇ ਪ੍ਰਭ ਰਾਖੈ॥		Kanth Laae Prabh Raakhai ||	God holds me close in His embrace, and protects me.	ਹੇ ਭਾਈ! ਪ੍ਰਭੂ ਉਸ ਮਨੁੱਖ ਨੂੰ ਆਪਣੇ ਗਲ ਨਾਲ ਲਾ ਰੱਖਦਾ ਹੈ,
27477	630	ਸਤਿਗੁਰ ਕੀ ਸਚੁ ਸਾਖੈ॥੧॥		Sathigur Kee Sach Saakhai ||1||	True are the Teachings of the True Guru. ||1||	ਜਿਸ ਨੂੰ ਗੁਰੂ ਦੀ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਸਿੱਖਿਆ ਮਿਲ ਜਾਂਦੀ ਹੈ ॥੧॥
27478	630	ਗੁਰਿ ਪੂਰੈ ਪੂਰੀ ਕੀਤੀ॥		Gur Poorai Pooree Keethee ||	The Perfect Guru has done it perfectly.	ਹੇ ਭਾਈ! ਜਿਸ ਮਨੁੱਖ ਨੂੰ ਪੂਰੇ ਗੁਰੂ ਨੇ (ਜੀਵਨ ਵਿਚ) ਸਫਲਤਾ ਬਖ਼ਸ਼ੀ,
27479	630	ਦੁਸਮਨ ਮਾਰਿ ਵਿਡਾਰੇ ਸਗਲੇ ਦਾਸ ਕਉ ਸੁਮਤਿ ਦੀਤੀ॥੧॥ਰਹਾਉ॥	ਸੁ-ਮੱਤਿ।ਦੀੱਤੀ	Dhusaman Maar Viddaarae Sagalae Dhaas Ko Sumath Dheethee ||1|| Rehaao ||	He has beaten and driven off my enemies, and given me, His slave, the sublime understanding of the neutral mind. ||1||Pause||	ਪ੍ਰਭੂ ਨੇ (ਕਾਮਾਦਿਕ ਉਸ ਦੇ) ਸਾਰੇ ਹੀ ਵੈਰੀ ਮਾਰ ਮੁਕਾਏ; ਤੇ, ਉਸ ਸੇਵਕ ਨੂੰ (ਨਾਮ ਸਿਮਰਨ ਦੀ) ਸ੍ਰੇਸ਼ਟ ਅਕਲ ਦੇ ਦਿੱਤੀ ॥੧॥ ਰਹਾਉ ॥
27480	630	ਪ੍ਰਭਿ ਸਗਲੇ ਥਾਨ ਵਸਾਏ॥		Prabh Sagalae Thhaan Vasaaeae ||	God has blessed all places with prosperity.	(ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਗੁਰੂ ਨੇ ਜੀਵਨ-ਸਫਲਤਾ ਬਖ਼ਸ਼ੀ) ਪ੍ਰਭੂ ਨੇ ਉਹਨਾਂ ਦੇ ਸਾਰੇ ਗਿਆਨ-ਇੰਦ੍ਰੇ ਆਤਮਕ ਗੁਣਾਂ ਨਾਲ ਭਰਪੂਰ ਕਰ ਦਿੱਤੇ,

27481	630	ਸੁਖਿ ਸਾਂਦਿ ਫਿਰਿ ਆਏ॥		Sukh Saandh Fir Aaeae ||	I have returned again safe and sound.	ਉਹ ਮਨੁੱਖ (ਕਾਮਾਦਿਕ ਵਲੋਂ) ਪਰਤ ਕੇ ਆਤਮਕ ਆਨੰਦ ਵਿਚ ਆ ਟਿਕੇ।
27482	630	ਨਾਨਕ ਪ੍ਰਭ ਸਰਣਾਏ॥		Naanak Prabh Saranaaeae ||	Nanak has entered God's Sanctuary.	ਹੇ ਨਾਨਕ! ਉਸ ਪ੍ਰਭੂ ਦੀ ਸ਼ਰਨ ਪਿਆ ਰਹੁ,
27483	630	ਜਿਨਿ ਸਗਲੇ ਰੋਗ ਮਿਟਾਏ॥੨॥੨੪॥੮੮॥		Jin Sagalae Rog Mittaaeae ||2||24||88||	It has eradicated all disease. ||2||24||88||	ਜਿਸ ਨੇ (ਸ਼ਰਨ ਪਿਆਂ ਦੇ) ਸਾਰੇ ਰੋਗ ਦੂਰ ਕਰ ਦਿੱਤੇ ॥੨॥੨੪॥੮੮॥
27484	630	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27485	630	ਸਰਬ ਸੁਖਾ ਕਾ ਦਾਤਾ ਸਤਿਗੁਰੁ ਤਾ ਕੀ ਸਰਨੀ ਪਾਈਐ॥		Sarab Sukhaa Kaa Dhaathaa Sathigur Thaa Kee Saranee Paaeeai ||	The True Guru is the Giver of all peace and comfort - seek His Sanctuary.	ਹੇ ਭਾਈ! ਗੁਰੂ ਸਾਰੇ ਸੁਖਾਂ ਦਾ ਦੇਣ ਵਾਲਾ ਹੈ, ਉਸ (ਗੁਰੂ) ਦੀ ਸ਼ਰਨ ਪੈਣਾ ਚਾਹੀਦਾ ਹੈ।
27486	630	ਦਰਸਨੁ ਭੇਟਤ ਹੋਤ ਅਨੰਦਾ ਦੂਖੁ ਗਇਆ ਹਰਿ ਗਾਈਐ॥੧॥	ਗਇਆ	Dharasan Bhaettath Hoth Anandhaa Dhookh Gaeiaa Har Gaaeeai ||1||	Beholding the Blessed Vision of His Darshan, bliss ensues, pain is dispelled, and one sings the Lord's Praises. ||1||	ਗੁਰੂ ਦਾ ਦਰਸ਼ਨ ਕੀਤਿਆਂ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ, ਹਰੇਕ ਦੁੱਖ ਦੂਰ ਹੋ ਜਾਂਦਾ ਹੈ, (ਗੁਰੂ ਦੀ ਸ਼ਰਨ ਪੈ ਕੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ ॥੧॥
27487	630	ਹਰਿ ਰਸੁ ਪੀਵਹੁ ਭਾਈ॥		Har Ras Peevahu Bhaaee ||	Drink in the sublime essence of the Lord, O Siblings of Destiny.	ਹੇ ਭਾਈ! ਪੂਰੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਜਪਿਆ ਕਰੋ,

27488	630	ਨਾਮੁ ਜਪਹੁ ਨਾਮੋ ਆਰਾਧਹੁ ਗੁਰ ਪੂਰੇ ਕੀ ਸਰਨਾਈ॥ਰਹਾਉ॥		Naam Japahu Naamo Aaraadhhahu Gur Poorae Kee Saranaaee || Rehaao ||	Chant the Naam, the Name of the Lord; worship the Naam in adoration, and enter the Sanctuary of the Perfect Guru. ||Pause||	ਹਰ ਵੇਲੇ ਨਾਮ ਹੀ ਸਿਮਰਿਆ ਕਰੋ, ਪਰਮਾਤਮਾ ਦਾ ਨਾਮ-ਅੰਮ੍ਰਿਤ ਪੀਂਦੇ ਰਿਹਾ ਕਰੋ ਰਹਾਉ॥
27489	630	ਤਿਸਹਿ ਪਰਾਪਤਿ ਜਿਸੁ ਧੁਰਿ ਲਿਖਿਆ ਸੋਈ ਪੂਰਨੁ ਭਾਈ॥		Thisehi Paraapath Jis Dhhur Likhiaa Soee Pooran Bhaaee ||	Only one who has such pre-ordained destiny receives it; he alone becomes perfect, O Siblings of Destiny.	ਪਰ, ਹੇ ਭਾਈ! (ਇਹ ਨਾਮ ਦੀ ਦਾਤਿ ਗੁਰੂ ਦੇ ਦਰ ਤੋਂ) ਉਸ ਮਨੁੱਖ ਨੂੰ ਹੀ ਮਿਲਦੀ ਹੈ ਜਿਸ ਦੀ ਕਿਸਮਤਿ ਵਿਚ ਪਰਮਾਤਮਾ ਦੀ ਹਜ਼ੂਰੀ ਤੋਂ ਇਸ ਦੀ ਪ੍ਰਾਪਤੀ ਲਿਖੀ ਹੁੰਦੀ ਹੈ। ਉਹ ਮਨੁੱਖ ਸਾਰੇ ਗੁਣਾਂ ਵਾਲਾ ਹੋ ਜਾਂਦਾ ਹੈ।
27490	630	ਨਾਨਕ ਕੀ ਬੇਨੰਤੀ ਪ੍ਰਭ ਜੀ ਨਾਮਿ ਰਹਾ ਲਿਵ ਲਾਈ॥੨॥੨੫॥੮੯॥		Naanak Kee Baenanthee Prabh Jee Naam Rehaa Liv Laaee ||2||25||89||	Nanak's prayer, O Dear God, is to remain lovingly absorbed in the Naam. ||2||25||89||	ਹੇ ਪ੍ਰਭੂ ਜੀ! (ਤੇਰੇ ਦਾਸ) ਨਾਨਕ ਦੀ (ਭੀ ਤੇਰੇ ਦਰ ਤੇ ਇਹ) ਬੇਨਤੀ ਹੈ-ਮੈਂ ਤੇਰੇ ਨਾਮ ਵਿਚ ਸੁਰਤਿ ਜੋੜੀ ਰੱਖਾਂ ॥੨॥੨੫॥੮੯॥
27491	630	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

27492	630	ਕਰਨ ਕਰਾਵਨ ਹਰਿ ਅੰਤਰਜਾਮੀ ਜਨ ਅਪੁਨੇ ਕੀ ਰਾਖੈ॥		Karan Karaavan Har Antharajaamee Jan Apunae Kee Raakhai ||	The Lord is the Cause of Causes, the Inner-knower, the Searcher of hearts; He preserves the honor of His servant.	ਹੇ ਭਾਈ! ਸਭ ਕੁਝ ਕਰ ਸਕਣ ਵਾਲਾ ਤੇ ਜੀਵਾਂ ਪਾਸੋਂ ਕਰਾ ਸਕਣ ਵਾਲਾ, ਹਰੇਕ ਦੇ ਦਿਲ ਦੀ ਜਾਣਨ ਵਾਲਾ ਪ੍ਰਭੂ ਆਪਣੇ ਸੇਵਕ ਦੀ (ਸਦਾ ਲਾਜ) ਰੱਖਦਾ ਹੈ।
27493	630	ਜੈ ਜੈਕਾਰੁ ਹੋਤੁ ਜਗ ਭੀਤਰਿ ਸਬਦੁ ਗੁਰੂ ਰਸੁ ਚਾਖੈ॥੧॥	ਜੱਗ	Jai Jai Kaar Hoth Jag Bheethar Sabadh Guroo Ras Chaakhai ||1||	He is hailed and congratulated throughout the world, and he tastes the sublime essence of the Word of the Guru's Shabad. ||1||	ਜੇਹੜਾ ਸੇਵਕ ਗੁਰੂ ਦੇ ਸ਼ਬਦ ਨੂੰ (ਹਿਰਦੇ ਵਿਚ ਵਸਾਂਦਾ ਹੈ, ਪਰਮਾਤਮਾ ਦੇ ਨਾਮ ਦਾ) ਸੁਆਦ ਚੱਖਦਾ ਹੈ ਉਸ ਦੀ ਸੋਭਾ (ਸਾਰੇ) ਸੰਸਾਰ ਵਿਚ ਹੁੰਦੀ ਹੈ ॥੧॥
27494	630	ਪ੍ਰਭ ਜੀ ਤੇਰੀ ਓਟ ਗੁਸਾਈ॥		Prabh Jee Thaeree Outt Gusaaee ||	Dear God, Lord of the world, You are my only support.	ਹੇ (ਮੇਰੇ) ਪ੍ਰਭੂ ਜੀ! ਹੇ ਧਰਤੀ ਦੇ ਖਸਮ! (ਮੈਨੂੰ) ਤੇਰਾ (ਹੀ) ਆਸਰਾ ਹੈ।
27495	630	ਤੂ ਸਮਰਥੁ ਸਰਨਿ ਕਾ ਦਾਤਾ ਆਠ ਪਹਰ ਤੁਮ੍ਹ ਧਿਆਈ॥ਰਹਾਉ॥	ਸਮਰੱਥੁ	Thoo Samarathh Saran Kaa Dhaathaa Aath Pehar Thumh Dhhiaaee || Rehaao ||	You are all-powerful, the Giver of Sanctuary; twenty-four hours a day, I meditate on You. ||Pause||	ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੂੰ (ਸਭ ਜੀਵਾਂ ਨੂੰ) ਸਹਾਰਾ ਦੇਣ ਵਾਲਾ ਹੈਂ, (ਮੇਰੇ ਉਤੇ ਮੇਹਰ ਕਰ) ਮੈਂ ਅੱਠੇ ਪਹਿਰ ਤੈਨੂੰ ਯਾਦ ਕਰਦਾ ਰਹਾਂ ਰਹਾਉ॥
27496	630	ਜੋ ਜਨੁ ਭਜਨੁ ਕਰੇ ਪ੍ਰਭ ਤੇਰਾ ਤਿਸੈ ਅੰਦੇਸਾ ਨਾਹੀ॥		Jo Jan Bhajan Karae Prabh Thaeraa Thisai Andhaesaa Naahee ||	That humble being, who vibrates upon You, O God, is not afflicted by anxiety.	ਹੇ ਪ੍ਰਭੂ! ਜੇਹੜਾ ਮਨੁੱਖ ਤੇਰੀ ਭਗਤੀ ਕਰਦਾ ਹੈ, ਉਸ ਨੂੰ ਕੋਈ ਚਿੰਤਾ-ਫ਼ਿਕਰ ਪੋਹ ਨਹੀਂ ਸਕਦਾ।

27497	630	ਸਤਿਗੁਰ ਚਰਨ ਲਗੇ ਭਉ ਮਿਟਿਆ ਹਰਿ ਗੁਨ ਗਾਏ ਮਨ ਮਾਹੀ॥੨॥	ਲੱਗੇ	Sathigur Charan Lagae Bho Mittiaa Har Gun Gaaeae Man Maahee ||2||	Attached to the Feet of the True Guru, his fear is dispelled, and within his mind, he sings the Glorious Praises of the Lord. ||2||	(ਜਿਸ ਦੇ ਮੱਥੇ ਨੂੰ) ਗੁਰੂ ਦੇ ਚਰਨ ਛੂੰਹਦੇ ਹਨ, ਉਸ ਦਾ ਹਰੇਕ ਡਰ ਮਿਟ ਜਾਂਦਾ ਹੈ, ਉਹ ਮਨੁੱਖ ਆਪਣੇ ਮਨ ਵਿਚ ਪਰਮਤਾਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ ॥੨॥
27498	630	ਸੂਖ ਸਹਜ ਆਨੰਦ ਘਨੇਰੇ ਸਤਿਗੁਰ ਦੀਆ ਦਿਲਾਸਾ॥		Sookh Sehaj Aanandh Ghanaerae Sathigur Dheeaa Dhilaasaa ||	He abides in celestial peace and utter ecstasy; the True Guru has comforted him.	ਹੇ ਸਤਿਗੁਰੂ! ਜਿਸ ਮਨੁੱਖ ਨੂੰ ਤੂੰ (ਵਿਕਾਰਾਂ ਦਾ ਟਾਕਰਾ ਕਰਨ ਲਈ) ਹੌਸਲਾ ਦਿੱਤਾ, ਉਸ ਦੇ ਅੰਦਰ ਆਤਮਕ ਅਡੋਲਤਾ ਦੇ ਬਹੁਤ ਸੁਖ ਆਨੰਦ ਪੈਦਾ ਹੋ ਜਾਂਦੇ ਹਨ।
27499	630	ਜਿਣਿ ਘਰਿ ਆਏ ਸੋਭਾ ਸੇਤੀ ਪੂਰਨ ਹੋਈ ਆਸਾ॥੩॥		Jin Ghar Aaeae Sobhaa Saethee Pooran Hoee Aasaa ||3||	He has returned home victorious, with honor, and his hopes have been fulfilled. ||3||	ਉਹ ਮਨੁੱਖ (ਜੀਵਨ-ਖੇਡ) ਜਿੱਤ ਕੇ (ਜਗਤ ਵਿਚੋਂ) ਸੋਭਾ ਖੱਟ ਕੇ ਹਿਰਦੇ-ਘਰ ਵਿਚ ਟਿਕਿਆ ਰਹਿੰਦਾ ਹੈ, ਉਸ ਦੀ (ਹਰੇਕ) ਆਸ ਪੂਰੀ ਹੋ ਜਾਂਦੀ ਹੈ ॥੩॥
27500	630	ਪੂਰਾ ਗੁਰੁ ਪੂਰੀ ਮਤਿ ਜਾ ਕੀ ਪੂਰਨ ਪ੍ਰਭ ਕੇ ਕਾਮਾ॥		Pooraa Gur Pooree Math Jaa Kee Pooran Prabh Kae Kaamaa ||	Perfect are the Teachings of the Perfect Guru; Perfect are the actions of God.	ਜੇਹੜਾ ਗੁਰੂ ਕੋਈ ਉਕਾਈ ਖਾਣ ਵਾਲਾ ਨਹੀਂ, ਜਿਸ ਗੁਰੂ ਦੀ ਸਿੱਖਿਆ ਵਿਚ ਉਕਾਈ ਨਹੀਂ, ਜੇਹੜਾ ਗੁਰੂ ਪੂਰਨ ਪ੍ਰਭੂ (ਦਾ ਨਾਮ ਸਿਮਰਨ ਦੇ) ਆਹਰਾਂ ਵਿਚ ਲਾਂਦਾ ਹੈ,

27501	630	ਗੁਰ ਚਰਨੀ ਲਾਗਿ ਤਰਿਓ ਭਵ ਸਾਗਰੁ ਜਪਿ ਨਾਨਕ ਹਰਿ ਹਰਿ ਨਾਮਾ॥੪॥੨੬॥੯੦॥		Gur Charanee Laag Thariou Bhav Saagar Jap Naanak Har Har Naamaa ||4||26||90||	Grasping hold of the Guru's feet, Nanak has crossed over the terrifying world-ocean, chanting the Name of the Lord, Har, Har. ||4||26||90||	ਹੇ ਨਾਨਕ! (ਆਖ-) ਉਸ ਗੁਰੂ ਦੀ ਚਰਨੀਂ ਲੱਗ ਕੇ, ਤੇ, ਪਰਮਾਤਮਾ ਦਾ ਨਾਮ ਸਦਾ ਜਪ ਕੇ (ਮੈਂ) ਸੰਸਾਰ-ਸਮੁੰਦਰ ਤੋਂ (ਸਹੀ ਸਲਾਮਤਿ) ਪਾਰ ਲੰਘ ਰਿਹਾ ਹਾਂ ॥੪॥੨੬॥੯੦॥
27502	630	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27503	630	ਭਇਓ ਕਿਰਪਾਲੁ ਦੀਨ ਦੁਖ ਭੰਜਨੁ ਆਪੇ ਸਭ ਬਿਧਿ ਥਾਟੀ॥	(ਥਾਟੀ) ਬਣਾਈ	Bhaeiou Kirapaal Dheen Dhukh Bhanjan Aapae Sabh Bidhh Thhaattee ||	Becoming merciful, the Destroyer of the pains of the poor has Himself devised all devices.	ਹੇ ਭਾਈ! ਗਰੀਬਾਂ ਦੇ ਦੁੱਖ ਨਾਸ ਕਰਨ ਵਾਲਾ ਪਰਮਾਤਮਾ (ਆਪਣੇ ਸੇਵਕ ਉੱਤੇ ਸਦਾ) ਦਇਆਵਾਨ ਹੁੰਦਾ ਆਇਆ ਹੈ; ਉਸ ਨੇ ਆਪ ਹੀ (ਆਪਣੇ ਸੇਵਕ ਦੀ ਰੱਖਿਆ ਕਰਨ ਦੀ) ਸਾਰੀ ਵਿਓਂਤ ਬਣਾਈ ਹੁੰਦੀ ਹੈ।
27504	630	ਖਿਨ ਮਹਿ ਰਾਖਿ ਲੀਓ ਜਨੁ ਅਪੁਨਾ ਗੁਰ ਪੂਰੈ ਬੇੜੀ ਕਾਟੀ॥੧॥		Khin Mehi Raakh Leeou Jan Apunaa Gur Poorai Baerree Kaattee ||1||	In an instant, He has saved His humble servant; the Perfect Guru has cut away his bonds. ||1||	ਉਸ ਨੇ ਇਕ ਪਲਕ ਵਿਚ ਆਪਣੇ ਸੇਵਕ ਨੂੰ (ਸਦਾ) ਬਚਾ ਲਿਆ, (ਉਸੇ ਦੀ ਮੇਹਰ ਨਾਲ) ਪੂਰੇ ਗੁਰੂ ਨੇ (ਸੇਵਕ ਦੀ ਦੁੱਖਾਂ ਕਲੇਸ਼ਾਂ ਦੀ) ਬੇੜੀ ਕੱਟ ਦਿੱਤੀ ॥੧॥
27505	630	ਮੇਰੇ ਮਨ ਗੁਰ ਗੋਵਿੰਦੁ ਸਦ ਧਿਆਈਐ॥		Maerae Man Gur Govindh Sadh Dhhiaaeeai ||	O my mind, meditate forever on the Guru, the Lord of the Universe.	ਹੇ ਮੇਰੇ ਮਨ! ਸਦਾ ਗੁਰੂ ਦਾ ਧਿਆਨ ਧਰਨਾ ਚਾਹੀਦਾ ਹੈ, ਸਦਾ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ।

27506	630	ਸਗਲ ਕਲੇਸ ਮਿਟਹਿ ਇਸੁ ਤਨ ਤੇ ਮਨ ਚਿੰਦਿਆ ਫਲੁ ਪਾਈਐ॥ਰਹਾਉ॥		Sagal Kalaes Mittehi Eis Than Thae Man Chindhiaa Fal Paaeeai || Rehaao ||	All illness shall depart from this body, and you shall obtain the fruits of your mind's desires. ||Pause||	(ਇਸ ਉੱਦਮ ਨਾਲ) ਇਸ ਸਰੀਰ ਵਿਚੋਂ ਸਾਰੇ ਦੁੱਖ-ਕਲੇਸ਼ ਮਿਟ ਜਾਂਦੇ ਹਨ, ਤੇ, ਮਨ-ਮੰਗੀ ਮੁਰਾਦ ਹਾਸਲ ਕਰ ਲਈਦੀ ਹੈ ਰਹਾਉ॥
27507	630	ਜੀਅ ਜੰਤ ਜਾ ਕੇ ਸਭਿ ਕੀਨੇ ਪ੍ਰਭੁ ਊਚਾ ਅਗਮ ਅਪਾਰਾ॥	(ਅ-ਗਮ) ਸੋਗ ਰਹਿਤ।ਅਗਮ:ਪੋਲਾ ਬੋਲੋ	Jeea Janth Jaa Kae Sabh Keenae Prabh Oochaa Agam Apaaraa ||	God created all beings and creatures; He is lofty, inaccessible and infinite.	ਸਾਰੇ ਜੀਅ ਜੰਤ ਜਿਸ ਪਰਮਾਤਮਾ ਦੇ ਪੈਦਾ ਕੀਤੇ ਹੋਏ ਹਨ ਉਹ ਪ੍ਰਭੂ ਸਭ ਤੋਂ ਉੱਚਾ ਹੈ, ਅਪਹੁੰਚ ਹੈ, ਬੇਅੰਤ ਹੈ।
27508	630	ਸਾਧਸੰਗਿ ਨਾਨਕ ਨਾਮੁ ਧਿਆਇਆ ਮੁਖ ਊਜਲ ਭਏ ਦਰਬਾਰਾ॥੨॥੨੭॥੯੧॥		Saadhhasang Naanak Naam Dhhiaaeiaa Mukh Oojal Bheae Dharabaaraa ||2||27||91||	In the Saadh Sangat, the Company of the Holy, Nanak meditates on the Naam, the Name of the Lord; his face is radiant in the Court of the Lord. ||2||27||91||	ਹੇ ਨਾਨਕ! (ਆਖ-) ਜਿਨ੍ਹਾਂ ਮਨੁੱਖਾਂ ਨੇ (ਗੁਰੂ ਦੀ ਸ਼ਰਨ ਪੈ ਕੇ ਉਸ ਪਰਮਾਤਮਾ ਦਾ) ਨਾਮ ਸਿਮਰਿਆ, ਉਹ ਪਰਮਾਤਮਾ ਦੀ ਹਜ਼ੂਰੀ ਵਿਚ ਸੁਰਖ਼-ਰੂ ਹੋ ਗਏ ॥੨॥੨੭॥੯੧॥
27509	630	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27510	630	ਸਿਮਰਉ ਅਪੁਨਾ ਸਾਂਈ॥		Simaro Apunaa Saanee ||	I meditate in remembrance on my Lord.	ਹੇ ਭਾਈ! ਮੈਂ (ਉਸ) ਖਸਮ-ਪ੍ਰਭੂ (ਦਾ ਨਾਮ) ਸਿਮਰਦਾ ਹਾਂ,

27511	630	ਦਿਨਸੁ ਰੈਨਿ ਸਦ ਧਿਆਈ॥		Dhinas Rain Sadh Dhhiaaee ||	Day and night, I ever meditate on Him.	ਦਿਨ ਰਾਤ ਸਦਾ (ਉਸ ਦਾ) ਧਿਆਨ ਧਰਦਾ ਹਾਂ,
27512	630	ਹਾਥ ਦੇਇ ਜਿਨਿ ਰਾਖੇ॥	ਦੇਇ	Haathh Dhaee Jin Raakhae ||	He gave me His hand, and protected me.	ਜਿਸ ਨੇ ਆਪਣੇ ਹੱਥ ਦੇ ਕੇ (ਉਹਨਾਂ ਮਨੁੱਖਾਂ ਨੂੰ ਦੁੱਖਾਂ ਵਿਕਾਰਾਂ ਤੋਂ) ਬਚਾ ਲਿਆ,
27513	630	ਹਰਿ ਨਾਮ ਮਹਾ ਰਸ ਚਾਖੇ॥੧॥		Har Naam Mehaa Ras Chaakhae ||1||	I drink in the most sublime essence of the Lord's Name. ||1||	ਜਿਨ੍ਹਾਂ ਨੇ ਪਰਮਾਤਮਾ ਦੇ ਨਾਮ ਦਾ ਸ੍ਰੇਸ਼ਟ ਰਸ ਚੱਖਿਆ ॥੧॥
27514	631	ਅਪਨੇ ਗੁਰ ਊਪਰਿ ਕੁਰਬਾਨੁ॥		Apanae Gur Oopar Kurabaan ||	I am a sacrifice to my Guru.	ਹੇ ਭਾਈ! ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ,
27515	631	ਭਏ ਕਿਰਪਾਲ ਪੂਰਨ ਪ੍ਰਭ ਦਾਤੇ ਜੀਅ ਹੋਏ ਮਿਹਰਵਾਨ॥ਰਹਾਉ॥		Bheae Kirapaal Pooran Prabh Dhaathae Jeea Hoeae Miharavaan || Rehaao ||	God, the Great Giver, the Perfect One, has become merciful to me, and now, all are kind to me. ||Pause||	(ਜਿਸ ਦੀ ਮੇਹਰ ਨਾਲ) ਸਰਬ-ਵਿਆਪਕ ਦਾਤਾਰ ਪ੍ਰਭੂ ਜੀ (ਸੇਵਕਾਂ ਉਤੇ) ਕਿਰਪਾਲ ਹੁੰਦੇ ਹਨ, ਸਾਰੇ ਜੀਵਾਂ ਉੱਤੇ ਮਿਹਰਬਾਨ ਹੁੰਦੇ ਹਨ ਰਹਾਉ॥
27516	631	ਨਾਨਕ ਜਨ ਸਰਨਾਈ॥		Naanak Jan Saranaaee ||	Servant Nanak has entered His Sanctuary.	ਹੇ ਦਾਸ ਨਾਨਕ! (ਆਖ-) ਉਸ ਪਰਮਾਤਮਾ ਦੀ ਸ਼ਰਨ ਪਏ ਰਹੋ,
27517	631	ਜਿਨਿ ਪੂਰਨ ਪੈਜ ਰਖਾਈ॥		Jin Pooran Paij Rakhaaee ||	He has perfectly preserved his honor.	ਜਿਸ ਨੇ (ਸ਼ਰਨ ਪਏ ਮਨੁੱਖਾਂ ਦੀ) ਇੱਜ਼ਤ (ਦੁੱਖਾਂ ਵਿਕਾਰਾਂ ਦੇ ਟਾਕਰੇ ਤੇ) ਚੰਗੀ ਤਰ੍ਹਾਂ ਰੱਖ ਲਈ,

27518	631	ਸਗਲੇ ਦੂਖ ਮਿਟਾਈ॥		Sagalae Dhookh Mittaaee ||	All suffering has been dispelled.	ਜਿਸ ਨੇ ਉਹਨਾਂ ਦੇ ਸਾਰੇ ਦੁੱਖ ਦੂਰ ਕਰ ਦਿੱਤੇ।
27519	631	ਸੁਖੁ ਭੁੰਚਹੁ ਮੇਰੇ ਭਾਈ॥੨॥੨੮॥੯੨॥		Sukh Bhunchahu Maerae Bhaaee ||2||28||92||	So enjoy peace, O my Siblings of Destiny! ||2||28||92||	ਹੇ ਮੇਰੇ ਭਰਾਵੋ! (ਤੁਸੀ ਭੀ ਉਸ ਦੀ ਸ਼ਰਨ ਪੈ ਕੇ) ਆਤਮਕ ਆਨੰਦ ਮਾਣੋ ॥੨॥੨੮॥੯੨॥
27520	631	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27521	631	ਸੁਨਹੁ ਬਿਨੰਤੀ ਠਾਕੁਰ ਮੇਰੇ ਜੀਅ ਜੰਤ ਤੇਰੇ ਧਾਰੇ॥		Sunahu Binanthee Thaakur Maerae Jeea Janth Thaerae Dhhaarae ||	Hear my prayer, O my Lord and Master; all beings and creatures were created by You.	ਹੇ ਮੇਰੇ ਠਾਕੁਰ! ਹੇ ਸਭ ਕੁਝ ਕਰ ਸਕਣ ਤੇ ਕਰਾ ਸਕਣ ਵਾਲੇ ਪ੍ਰਭੂ! (ਮੇਰੀ) ਬੇਨਤੀ ਸੁਣ। ਸਾਰੇ ਨਿੱਕੇ ਵੱਡੇ ਜੀਵ ਤੇਰੇ ਹੀ ਆਸਰੇ ਹਨ (ਤੇਰਾ ਨਾਮ ਹੈ 'ਸ਼ਰਨ-ਜੋਗਾ'।
27522	631	ਰਾਖੁ ਪੈਜ ਨਾਮ ਅਪੁਨੇ ਕੀ ਕਰਨ ਕਰਾਵਨਹਾਰੇ॥੧॥		Raakh Paij Naam Apunae Kee Karan Karaavanehaarae ||1||	You preserve the honor of Your Name, O Lord, Cause of causes. ||1||	ਅਸੀਂ ਜੀਵ ਤੇਰੇ ਹੀ ਆਸਰੇ ਹਾਂ) ਤੂੰ ਆਪਣੇ (ਇਸ) ਨਾਮ ਦੀ ਲਾਜ ਰੱਖ (ਤੇ, ਸਾਡੇ ਮਾਇਆ ਦੇ ਬੰਧਨ ਕੱਟ) ॥੧॥
27523	631	ਪ੍ਰਭ ਜੀਉ ਖਸਮਾਨਾ ਕਰਿ ਪਿਆਰੇ॥	(ਖਸਮਾਨਾ) ਪੱਖ	Prabh Jeeo Khasamaanaa Kar Piaarae ||	O Dear God, Beloved, please, make me Your own.	ਹੇ ਪਿਆਰੇ ਪ੍ਰਭੂ ਜੀ! (ਤੂੰ ਸਾਡਾ ਖਸਮ ਹੈਂ) ਖਸਮ ਵਾਲਾ ਫ਼ਰਜ਼ ਪੂਰਾ ਕਰ।
27524	631	ਬੁਰੇ ਭਲੇ ਹਮ ਥਾਰੇ॥ਰਹਾਉ॥		Burae Bhalae Ham Thhaarae || Rehaao ||	Whether good or bad, I am Yours. ||Pause||	(ਚਾਹੇ ਅਸੀ) ਭੈੜੇ ਹਾਂ (ਚਾਹੇ ਅਸੀ) ਚੰਗੇ ਹਾਂ, ਅਸੀਂ ਤੇਰੇ ਹੀ ਹਾਂ (ਸਾਡੇ ਵਿਕਾਰਾਂ ਦੇ ਬੰਧਨ ਕੱਟ ਦੇ) ਰਹਾਉ॥

27525	631	ਸੁਣੀ ਪੁਕਾਰ ਸਮਰਥ ਸੁਆਮੀ ਬੰਧਨ ਕਾਟਿ ਸਵਾਰੇ॥	ਸਮਰੱਥ	Sunee Pukaar Samarathh Suaamee Bandhhan Kaatt Savaarae ||	The Almighty Lord and Master heard my prayer; cutting away my bonds, He has adorned me.	(ਹੇ ਭਾਈ! ਜਿਨ੍ਹਾਂ ਸੇਵਕਾਂ ਦੀ) ਪੁਕਾਰ ਸਭ ਤਾਕਤਾਂ ਦੇ ਮਾਲਕ ਪ੍ਰਭੂ ਨੇ ਸੁਣ ਲਈ, ਉਹਨਾਂ ਦੇ (ਮਾਇਆ ਦੇ) ਬੰਧਨ ਕੱਟ ਕੇ ਪ੍ਰਭੂ ਨੇ ਉਹਨਾਂ ਦੇ ਜੀਵਨ ਸੋਹਣੇ ਬਣਾ ਦਿੱਤੇ।
27526	631	ਪਹਿਰਿ ਸਿਰਪਾਉ ਸੇਵਕ ਜਨ ਮੇਲੇ ਨਾਨਕ ਪ੍ਰਗਟ ਪਹਾਰੇ॥੨॥੨੯॥੯੩॥	(ਪਹਾਰੇ) ਸੰਸਾਰ ਚ	Pehir Sirapaao Saevak Jan Maelae Naanak Pragatt Pehaarae ||2||29||93||	He dressed me in robes of honor, and blended His servant with Himself; Nanak is revealed in glory throughout the world. ||2||29||93||	ਹੇ ਨਾਨਕ! (ਆਖ-) ਉਹਨਾਂ ਸੇਵਕਾਂ ਨੂੰ ਦਾਸਾਂ ਨੂੰ ਆਦਰ-ਮਾਣ ਦੇ ਕੇ ਆਪਣੇ ਚਰਨਾਂ ਵਿਚ ਮਿਲਾ ਲਿਆ, ਤੇ, ਸੰਸਾਰ ਵਿਚ ਉੱਘੇ ਕਰ ਦਿੱਤਾ ॥੨॥੨੯॥੯੩॥
27527	631	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	
27528	631	ਜੀਅ ਜੰਤ ਸਭਿ ਵਸਿ ਕਰਿ ਦੀਨੇ ਸੇਵਕ ਸਭਿ ਦਰਬਾਰੇ॥		Jeea Janth Sabh Vas Kar Dheenae Saevak Sabh Dharabaarae ||	All beings and creatures are subservient to all those who serve in the Lord's Court.	ਹੇ ਭਾਈ! ਪਿਆਰਾ ਪ੍ਰਭੂ ਆਪਣੇ ਸੇਵਕਾਂ ਨੂੰ ਆਪਣੇ ਦਰਬਾਰ ਵਿਚ ਆਦਰ-ਮਾਣ ਦੇਂਦਾ ਹੈ (ਦੁਨੀਆ ਦੇ) ਸਾਰੇ ਜੀਵਾਂ ਨੂੰ ਉਹਨਾਂ ਦੇ ਆਗਿਆਕਾਰ ਬਣਾ ਦੇਂਦਾ ਹੈ।
27529	631	ਅੰਗੀਕਾਰੁ ਕੀਓ ਪ੍ਰਭ ਅਪੁਨੇ ਭਵ ਨਿਧਿ ਪਾਰਿ ਉਤਾਰੇ॥੧॥		Angeekaar Keeou Prabh Apunae Bhav Nidhh Paar Outhaarae ||1||	Their God made them His own, and carried them across the terrifying world-ocean. ||1||	ਸੇਵਕਾਂ ਦਾ ਸਦਾ ਪੱਖ ਕਰਦਾ ਹੈ, ਤੇ, ਉਹਨਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ॥੧॥

27530	631	ਸੰਤਨ ਕੇ ਕਾਰਜ ਸਗਲ ਸਵਾਰੇ॥		Santhan Kae Kaaraj Sagal Savaarae ||	He resolves all the affairs of His Saints.	ਹੇ ਭਾਈ! (ਸਾਡਾ ਖਸਮ-ਪ੍ਰਭੂ) ਸੰਤ ਜਨਾਂ ਦੇ ਸਾਰੇ ਕੰਮ ਸਵਾਰ ਦੇਂਦਾ ਹੈ।
27531	631	ਦੀਨ ਦਇਆਲ ਕ੍ਰਿਪਾਲ ਕ੍ਰਿਪਾਨਿਧਿ ਪੂਰਨ ਖਸਮ ਹਮਾਰੇ॥ਰਹਾਉ॥		Dheen Dhaeiaal Kirapaal Kirapaa Nidhh Pooran Khasam Hamaarae || Rehaao ||	He is merciful to the meek, kind and compassionate, the ocean of kindness, my Perfect Lord and Master. ||Pause||	ਸਾਡਾ ਖਸਮ ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਕਿਰਪਾ ਦਾ ਘਰ ਹੈ, ਕਿਰਪਾ ਦਾ ਖ਼ਜ਼ਾਨਾ ਹੈ, ਸਭ ਤਾਕਤਾਂ ਦਾ ਮਾਲਕ ਹੈ ਰਹਾਉ॥
27532	631	ਆਉ ਬੈਠੁ ਆਦਰੁ ਸਭ ਥਾਈ ਊਨ ਨ ਕਤਹੂੰ ਬਾਤਾ॥	ਥਾਂਈਂ	Aao Baith Aadhar Sabh Thhaaee Oon N Kathehoon Baathaa ||	I am asked to come and be seated, everywhere I go, and I lack nothing.	(ਪਰਮਾਤਮਾ ਦੇ ਸੇਵਕਾਂ ਨੂੰ ਸੰਤ ਜਨਾਂ ਨੂੰ) ਹਰ ਥਾਂ ਆਦਰ ਮਿਲਦਾ ਹੈ (ਹਰ ਥਾਂ ਲੋਕ) ਜੀ-ਆਇਆਂ ਆਖਦੇ ਹਨ। (ਸੰਤ ਜਨਾਂ ਨੂੰ) ਕਿਸੇ ਗੱਲੇ ਕੋਈ ਥੁੜ ਨਹੀਂ ਰਹਿੰਦੀ।
27533	631	ਭਗਤਿ ਸਿਰਪਾਉ ਦੀਓ ਜਨ ਅਪੁਨੇ ਪ੍ਰਤਾਪੁ ਨਾਨਕ ਪ੍ਰਭ ਜਾਤਾ॥੨॥੩੦॥੯੪॥		Bhagath Sirapaao Dheeou Jan Apunae Prathaap Naanak Prabh Jaathaa ||2||30||94||	The Lord blesses His humble devotee with robes of honor; O Nanak, the Glory of God is manifest. ||2||30||94||	ਹੇ ਨਾਨਕ! (ਆਖ-) ਪਰਮਾਤਮਾ ਆਪਣੇ ਸੇਵਕਾਂ ਨੂੰ ਭਗਤੀ (ਦਾ) ਸਿਰੋਪਾ ਬਖ਼ਸ਼ਦਾ ਹੈ (ਇਸ ਤਰ੍ਹਾਂ) ਪਰਮਾਤਮਾ ਦਾ ਤੇਜ-ਪ੍ਰਤਾਪ (ਸਾਰੇ ਸੰਸਾਰ ਵਿਚ) ਰੌਸ਼ਨ ਹੋ ਜਾਂਦਾ ਹੈ ॥੨॥੩੦॥੯੪॥
27534	631	ਸੋਰਠਿ ਮਹਲਾ ੯	ਨਾਵਾਂ	Sorath Mehalaa 9	Sorat'h, Ninth Mehl:	ਰਾਗ ਸੋਰਠਿ ਵਿੱਚ ਗੁਰੂ ਤੇਗਬਹਾਦਰ ਜੀ ਦੀ ਬਾਣੀ।

27535	631	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
27536	631	ਰੇ ਮਨ ਰਾਮ ਸਿਉ ਕਰਿ ਪ੍ਰੀਤਿ॥		Rae Man Raam Sio Kar Preeth ||	O mind, love the Lord.	ਹੇ (ਮੇਰੇ) ਮਨ! ਪਰਮਾਤਮਾ ਨਾਲ ਪਿਆਰ ਬਣਾ।
27537	631	ਸ੍ਰਵਨ ਗੋਬਿੰਦ ਗੁਨੁ ਸੁਨਉ ਅਰੁ ਗਾਉ ਰਸਨਾ ਗੀਤਿ॥੧॥ਰਹਾਉ॥		Sravan Gobindh Gun Suno Ar Gaao Rasanaa Geeth ||1|| Rehaao ||	With your ears, hear the Glorious Praises of the Lord of the Universe, and with your tongue, sing His song. ||1||Pause||	(ਹੇ ਭਾਈ!) ਕੰਨਾਂ ਨਾਲ ਪਰਮਾਤਮਾ ਦੀ ਉਸਤਤਿ ਸੁਣਿਆ ਕਰ, ਅਤੇ, ਜੀਭ ਨਾਲ ਪਰਮਤਾਮਾ (ਦੀ ਸਿਫ਼ਤ-ਸਾਲਾਹ) ਦੇ ਗੀਤ ਗਾਇਆ ਕਰ ॥੧॥ ਰਹਾਉ ॥
27538	631	ਕਰਿ ਸਾਧਸੰਗਤਿ ਸਿਮਰੁ ਮਾਧੋ ਹੋਹਿ ਪਤਿਤ ਪੁਨੀਤ॥		Kar Saadhhasangath Simar Maadhho Hohi Pathith Puneeth ||	Join the Saadh Sangat, the Company of the Holy, and meditate in remembrance on the Lord; even a sinner like yourself will become pure.	ਹੇ ਭਾਈ! ਗੁਰਮੁਖਾਂ ਦੀ ਸੰਗਤਿ ਕਰਿਆ ਕਰ, ਪਰਮਾਤਮਾ ਦਾ ਸਿਮਰਨ ਕਰਦਾ ਰਹੁ। (ਸਿਮਰਨ ਦੀ ਬਰਕਤਿ ਨਾਲ) ਵਿਕਾਰੀ ਭੀ ਪਵਿਤ੍ਰ ਬਣ ਜਾਂਦੇ ਹਨ।

27539	631	ਕਾਲੁ ਬਿਆਲੁ ਜਿਉ ਪਰਿਓ ਡੋਲੈ ਮੁਖੁ ਪਸਾਰੇ ਮੀਤ॥੧॥	(ਬਿਆਲੁ) ਸੱਪ ਦੀ ਨਿਆਈਂ। (ਪਰਿਓ) ਪਿਆ। (ਡੋਲੈ) ਫਿਰਦਾ	Kaal Biaal Jio Pariou Ddolai Mukh Pasaarae Meeth ||1||	Death is on the prowl, with its mouth wide open, friend. ||1||	ਹੇ ਮਿੱਤਰ! (ਇਸ ਕੰਮ ਵਿਚ ਆਲਸ ਨਾਹ ਕਰ, ਵੇਖ) ਮੌਤ ਸੱਪ ਵਾਂਗ ਮੂੰਹ ਖੋਲ੍ਹ ਕੇ ਪਈ ਫਿਰਦੀ ਹੈ ॥੧॥
27540	631	ਆਜੁ ਕਾਲਿ ਫੁਨਿ ਤੋਹਿ ਗ੍ਰਸਿ ਹੈ ਸਮਝਿ ਰਾਖਉ ਚੀਤਿ॥	(ਤੋਹਿ) ਤੈਨੂੰ। (ਫੁਨਿ) ਭੀ। (ਗ੍ਰਸਿ) ਨਿਗਲ਼ਨਾ, ਖਾਣਾ	Aaj Kaal Fun Thohi Gras Hai Samajh Raakho Cheeth ||	Today or tomorrow, eventually it will seize you; understand this in your consciousness.	ਹੇ ਭਾਈ! ਆਪਣੇ ਚਿੱਤ ਵਿਚ ਸਮਝ ਰੱਖ ਕਿ (ਇਹ ਮੌਤ) ਤੈਨੂੰ ਭੀ ਛੇਤੀ ਹੀ ਹੜੱਪ ਕਰ ਲਏਗੀ।
27541	631	ਕਹੈ ਨਾਨਕੁ ਰਾਮੁ ਭਜਿ ਲੈ ਜਾਤੁ ਅਉਸਰੁ ਬੀਤ॥੨॥੧॥	(ਅਉਸਰੁ) ਮੌਕਾ। ਭਜਿ:ਪੋਲਾ ਬੋਲੋ	Kehai Naanak Raam Bhaj Lai Jaath Aousar Beeth ||2||1||	Says Nanak, meditate, and vibrate upon the Lord; this opportunity is slipping away! ||2||1||	ਨਾਨਕ (ਤੈਨੂੰ) ਆਖਦਾ ਹੈ-(ਹੁਣ ਅਜੇ ਵੇਲਾ ਹੈ) ਪਰਮਾਤਮਾ ਦਾ ਭਜਨ ਕਰ ਲੈ, ਇਹ ਵੇਲਾ ਲੰਘਦਾ ਜਾ ਰਿਹਾ ਹੈ ॥੨॥੧॥
27542	631	ਸੋਰਠਿ ਮਹਲਾ ੯॥		Sorath Mehalaa 9 ||	Sorat'h, Ninth Mehl:	
27543	631	ਮਨ ਕੀ ਮਨ ਹੀ ਮਾਹਿ ਰਹੀ॥		Man Kee Man Hee Maahi Rehee ||	The mind remains in the mind.	(ਹੇ ਭਾਈ! ਵੇਖੋ, ਮਾਇਆ ਧਾਰੀ ਦੀ ਮੰਦ-ਭਾਗਤਾ! ਉਸ ਦੇ) ਮਨ ਦੀ ਆਸ ਮਨ ਵਿਚ ਹੀ ਰਹਿ ਗਈ।

27544	631	ਨਾ ਹਰਿ ਭਜੇ ਨ ਤੀਰਥ ਸੇਵੇ ਚੋਟੀ ਕਾਲਿ ਗਹੀ॥੧॥ਰਹਾਉ॥		Naa Har Bhajae N Theerathh Saevae Chottee Kaal Gehee ||1|| Rehaao ||	He does not meditate on the Lord, nor does he perform service at sacred shrines, and so death seizes him by the hair. ||1||Pause||	ਨਾਹ ਉਸ ਨੇ ਪਰਮਾਤਮਾ ਦਾ ਭਜਨ ਕੀਤਾ, ਨਾਹ ਹੀ ਉਸ ਨੇ ਸੰਤ ਜਨਾਂ ਦੀ ਸੇਵਾ ਕੀਤੀ, ਤੇ, ਮੌਤ ਨੇ ਬੋਦੀ ਆ ਫੜੀ ॥੧॥ ਰਹਾਉ ॥
27545	631	ਦਾਰਾ ਮੀਤ ਪੂਤ ਰਥ ਸੰਪਤਿ ਧਨ ਪੂਰਨ ਸਭੁ ਮਹੀ॥	(ਸਭੁ ਮਹੀ) ਸਾਰੀ ਧਰਤੀ	Dhaaraa Meeth Pooth Rathh Sanpath Dhhan Pooran Sabh Mehee ||	Wife, friends, children, carriages, property, total wealth, the entire world	ਹੇ ਭਾਈ! ਇਸਤ੍ਰੀ, ਮਿੱਤਰ, ਪੁੱਤਰ, ਗੱਡੀਆਂ, ਮਾਲ-ਅਸਬਾਬ, ਧਨ-ਪਦਾਰਥ ਸਾਰੀ ਹੀ ਧਰਤੀ-
27546	631	ਅਵਰ ਸਗਲ ਮਿਥਿਆ ਏ ਜਾਨਉ ਭਜਨੁ ਰਾਮੁ ਕੋ ਸਹੀ॥੧॥		Avar Sagal Mithhiaa Eae Jaano Bhajan Raam Ko Sehee ||1||	- know that all of these things are false. The Lord's meditation alone is true. ||1||	ਇਹ ਸਭ ਕੁਝ ਨਾਸਵੰਤ ਸਮਝੋ। ਪਰਮਾਤਮਾ ਦਾ ਭਜਨ (ਹੀ) ਅਸਲ (ਸਾਥੀ) ਹੈ ॥੧॥
27547	631	ਫਿਰਤ ਫਿਰਤ ਬਹੁਤੇ ਜੁਗ ਹਾਰਿਓ ਮਾਨਸ ਦੇਹ ਲਹੀ॥		Firath Firath Bahuthae Jug Haariou Maanas Dhaeh Lehee ||	Wandering, wandering around for so many ages, he has grown weary, and finally, he obtained this human body.	ਹੇ ਭਾਈ! ਕਈ ਜੁਗ (ਜੂਨਾਂ ਵਿਚ) ਭਟਕ ਭਟਕ ਕੇ ਤੂੰ ਥੱਕ ਗਿਆ ਸੀ। (ਹੁਣ) ਤੈਨੂੰ ਮਨੁੱਖਾ ਸਰੀਰ ਲੱਭਾ ਹੈ।

27548	631	ਨਾਨਕ ਕਹਤ ਮਿਲਨ ਕੀ ਬਰੀਆ ਸਿਮਰਤ ਕਹਾ ਨਹੀ॥੨॥੨॥		Naanak Kehath Milan Kee Bareeaa Simarath Kehaa Nehee ||2||2||	Says Nanak, this is the opportunity to meet the Lord; why don't you remember Him in meditation? ||2||2||	ਨਾਨਕ ਆਖਦਾ ਹੈ-(ਹੇ ਭਾਈ! ਪਰਮਾਤਮਾ ਨੂੰ) ਮਿਲਣ ਦੀ ਇਹੀ ਵਾਰੀ ਹੈ, ਹੁਣ ਤੂੰ ਸਿਮਰਨ ਕਿਉਂ ਨਹੀਂ ਕਰਦਾ? ॥੨॥੨॥
27549	631	ਸੋਰਠਿ ਮਹਲਾ ੯॥		Sorath Mehalaa 9 ||	Sorat'h, Ninth Mehl:	
27550	631	ਮਨ ਰੇ ਕਉਨੁ ਕੁਮਤਿ ਤੈ ਲੀਨੀ॥	ਕੁ-ਮੱਤਿ	Man Rae Koun Kumath Thai Leenee ||	O mind, what evil-mindedness have you developed?	ਹੇ ਮਨ! ਤੂੰ ਕੇਹੜੀ ਭੈੜੀ ਸਿੱਖਿਆ ਲੈ ਲਈ ਹੈ?
27551	631	ਪਰ ਦਾਰਾ ਨਿੰਦਿਆ ਰਸ ਰਚਿਓ ਰਾਮ ਭਗਤਿ ਨਹਿ ਕੀਨੀ॥੧॥ਰਹਾਉ॥	(ਦਾਰਾ) ਇਸਤ੍ਰੀ	Par Dhaaraa Nindhiaa Ras Rachiou Raam Bhagath Nehi Keenee ||1|| Rehaao ||	You are engrossed in the pleasures of other men's wives, and slander; you have not worshipped the Lord at all. ||1||Pause||	ਤੂੰ ਪਰਾਈ ਇਸਤ੍ਰੀ, ਪਰਾਈ ਨਿੰਦਿਆ ਦੇ ਰਸ ਵਿਚ ਮਸਤ ਰਹਿੰਦਾ ਹੈਂ। ਪਰਮਾਤਮਾ ਦੀ ਭਗਤੀ ਤੂੰ (ਕਦੇ) ਨਹੀਂ ਕੀਤੀ ॥੧॥ ਰਹਾਉ ॥
27552	631	ਮੁਕਤਿ ਪੰਥੁ ਜਾਨਿਓ ਤੈ ਨਾਹਨਿ ਧਨ ਜੋਰਨ ਕਉ ਧਾਇਆ॥		Mukath Panthh Jaaniou Thai Naahan Dhhan Joran Ko Dhhaaeiaa ||	You do not know the way to liberation, but you run all around chasing wealth.	ਹੇ ਭਾਈ! ਤੂੰ ਵਿਕਾਰਾਂ ਤੋਂ ਖ਼ਲਾਸੀ ਪਾਣ ਦਾ ਰਸਤਾ (ਅਜੇ ਤਕ) ਨਹੀਂ ਸਮਝਿਆ, ਧਨ ਇਕੱਠਾ ਕਰਨ ਲਈ ਤੂੰ ਸਦਾ ਦੌੜ-ਭਜ ਕਰ ਰਿਹਾ ਹੈਂ।

27553	632	ਅੰਤਿ ਸੰਗ ਕਾਹੂ ਨਹੀ ਦੀਨਾ ਬਿਰਥਾ ਆਪੁ ਬੰਧਾਇਆ॥੧॥		Anth Sang Kaahoo Nehee Dheenaa Birathhaa Aap Bandhhaaeiaa ||1||	In the end, nothing shall go along with you; you have entrapped yourself in vain. ||1||	(ਦੁਨੀਆ ਦੇ ਪਦਾਰਥਾਂ ਵਿਚੋਂ) ਕਿਸੇ ਨੇ ਭੀ ਆਖ਼ਰ ਕਿਸੇ ਦਾ ਸਾਥ ਨਹੀਂ ਦਿੱਤਾ। ਤੂੰ ਵਿਅਰਥ ਹੀ ਆਪਣੇ ਆਪ ਨੂੰ (ਮਾਇਆ ਦੇ ਮੋਹ ਵਿਚ) ਜਕੜ ਰੱਖਿਆ ਹੈ ॥੧॥
27554	632	ਨਾ ਹਰਿ ਭਜਿਓ ਨ ਗੁਰ ਜਨੁ ਸੇਵਿਓ ਨਹ ਉਪਜਿਓ ਕਛੁ ਗਿਆਨਾ॥		Naa Har Bhajiou N Gur Jan Saeviou Neh Oupajiou Kashh Giaanaa ||	You have not meditated or vibrated upon the Lord; you have not served the Guru, or His humble servants; spiritual wisdom has not welled up within you.	ਹੇ ਭਾਈ! (ਅਜੇ ਤਕ) ਨਾਹ ਤੂੰ ਪਰਮਾਤਮਾ ਦੀ ਭਗਤੀ ਕੀਤੀ ਹੈ, ਨਾਹ ਗੁਰੂ ਦੀ ਸ਼ਰਨ ਪਿਆ ਹੈਂ, ਨਾਹ ਹੀ ਤੇਰੇ ਅੰਦਰ ਆਤਮਕ ਜੀਵਨ ਦੀ ਸੋਝੀ ਪਈ ਹੈ।
27555	632	ਘਟ ਹੀ ਮਾਹਿ ਨਿਰੰਜਨੁ ਤੇਰੈ ਤੈ ਖੋਜਤ ਉਦਿਆਨਾ॥੨॥	(ਉਦਿਆਨਾ) ਉਜਾੜ	Ghatt Hee Maahi Niranjan Thaerai Thai Khojath Oudhiaanaa ||2||	The Immaculate Lord is within your heart, and yet you search for Him in the wilderness. ||2||	ਮਾਇਆ ਤੋਂ ਨਿਰਲੇਪ ਪ੍ਰਭੂ ਤੇਰੇ ਹਿਰਦੇ ਵਿਚ ਵੱਸ ਰਿਹਾ ਹੈ, ਪਰ ਤੂੰ (ਬਾਹਰ) ਜੰਗਲਾਂ ਵਿਚ ਉਸ ਨੂੰ ਭਾਲ ਰਿਹਾ ਹੈਂ ॥੨॥
27556	632	ਬਹੁਤੁ ਜਨਮ ਭਰਮਤ ਤੈ ਹਾਰਿਓ ਅਸਥਿਰ ਮਤਿ ਨਹੀ ਪਾਈ॥		Bahuth Janam Bharamath Thai Haariou Asathhir Math Nehee Paaee ||	You have wandered through many many births; you are exhausted but have still not found a way out of this endless cycle.	ਹੇ ਭਾਈ! ਅਨੇਕਾਂ ਜਨਮਾਂ ਵਿਚ ਭਟਕ ਭਟਕ ਕੇ ਤੂੰ (ਮਨੁੱਖਾ ਜਨਮ ਦੀ ਬਾਜ਼ੀ) ਹਾਰ ਲਈ ਹੈ, ਤੂੰ ਅਜੇਹੀ ਅਕਲ ਨਹੀਂ ਸਿੱਖੀ ਜਿਸ ਦੀ ਬਰਕਤਿ ਨਾਲ (ਜਨਮਾਂ ਦੇ ਗੇੜ ਵਿਚੋਂ) ਤੈਨੂੰ ਅਡੋਲਤਾ ਹਾਸਲ ਹੋ ਸਕੇ।

27557	632	ਮਾਨਸ ਦੇਹ ਪਾਇ ਪਦ ਹਰਿ ਭਜੁ ਨਾਨਕ ਬਾਤ ਬਤਾਈ॥੩॥੩॥	(ਪਦ) ਚਰਨਕਮਲ। ਪਦ ਭਜੁ ਪੋਲੇ	Maanas Dhaeh Paae Padh Har Bhaj Naanak Baath Bathaaee ||3||3||	Now that you have obtained this human body, meditate on the Lord's Feet; Nanak advises with this advice. ||3||3||	ਹੇ ਨਾਨਕ! (ਆਖ-ਹੇ ਭਾਈ! ਗੁਰੂ ਨੇ ਤਾਂ ਇਹ) ਗੱਲ ਸਮਝਾਈ ਹੈ ਕਿ ਮਨੁੱਖਾ ਜਨਮ ਦਾ (ਉੱਚਾ) ਦਰਜਾ ਹਾਸਲ ਕਰ ਕੇ ਪਰਮਾਤਮਾ ਦਾ ਭਜਨ ਕਰ ॥੩॥੩॥
27558	632	ਸੋਰਠਿ ਮਹਲਾ ੯॥		Sorath Mehalaa 9 ||	Sorat'h, Ninth Mehl:	
27559	632	ਮਨ ਰੇ ਪ੍ਰਭ ਕੀ ਸਰਨਿ ਬਿਚਾਰੋ॥		Man Rae Prabh Kee Saran Bichaaro ||	O mind, contemplate the Sanctuary of God.	ਹੇ ਮਨ! ਪਰਮਾਤਮਾ ਦੀ ਸਰਨ ਪੈ ਕੇ ਉਸ ਦੇ ਨਾਮ ਦਾ ਧਿਆਨ ਧਰਿਆ ਕਰ।
27560	632	ਜਿਹ ਸਿਮਰਤ ਗਨਕਾ ਸੀ ਉਧਰੀ ਤਾ ਕੋ ਜਸੁ ਉਰ ਧਾਰੋ॥੧॥ਰਹਾਉ॥		Jih Simarath Ganakaa See Oudhharee Thaa Ko Jas Our Dhhaaro ||1|| Rehaao ||	Meditating on Him in remembrance, Ganika the prostitute was saved; enshrine His Praises within your heart. ||1||Pause||	ਜਿਸ ਪਰਮਾਤਮਾ ਦਾ ਸਿਮਰਨ ਕਰਦਿਆਂ ਗਨਕਾ (ਵਿਕਾਰਾਂ ਵਿਚ ਡੁੱਬਣੋਂ) ਬਚ ਗਈ ਸੀ ਤੂੰ ਭੀ, (ਹੇ ਭਾਈ!) ਉਸ ਦੀ ਸਿਫ਼ਤ-ਸਾਲਾਹ ਆਪਣੇ ਹਿਰਦੇ ਵਿਚ ਵਸਾਈ ਰੱਖ ॥੧॥ ਰਹਾਉ ॥
27561	632	ਅਟਲ ਭਇਓ ਧ੍ਰੂਅ ਜਾ ਕੈ ਸਿਮਰਨਿ ਅਰੁ ਨਿਰਭੈ ਪਦੁ ਪਾਇਆ॥	ਅ-ਟਲ	Attal Bhaeiou Dhhrooa Jaa Kai Simaran Ar Nirabhai Padh Paaeiaa ||	Meditating on Him in remembrance, Dhroo became immortal, and obtained the state of fearlessness.	ਹੇ ਭਾਈ! ਜਿਸ ਪਰਮਾਤਮਾ ਦੇ ਸਿਮਰਨ ਦੀ ਰਾਹੀਂ ਧ੍ਰੂ ਸਦਾ ਲਈ ਅਟੱਲ ਹੋ ਗਿਆ ਹੈ ਤੇ ਉਸ ਨੇ ਨਿਰਭੈਤਾ ਦਾ ਆਤਮਕ ਦਰਜਾ ਹਾਸਲ ਕਰ ਲਿਆ ਸੀ,

27562	632	ਦੁਖ ਹਰਤਾ ਇਹ ਬਿਧਿ ਕੋ ਸੁਆਮੀ ਤੈ ਕਾਹੇ ਬਿਸਰਾਇਆ॥੧॥		Dhukh Harathaa Eih Bidhh Ko Suaamee Thai Kaahae Bisaraaeiaa ||1||	The Lord and Master removes suffering in this way - why have you forgotten Him? ||1||	ਤੂੰ ਉਸ ਪਰਮਾਤਮਾ ਨੂੰ ਕਿਉਂ ਭੁਲਾਇਆ ਹੋਇਆ ਹੈ, ਉਹ ਤਾਂ ਇਸ ਤਰ੍ਹਾਂ ਦਾ ਦੁੱਖਾਂ ਦਾ ਨਾਸ ਕਰਨ ਵਾਲਾ ਹੈ ॥੧॥
27563	632	ਜਬ ਹੀ ਸਰਨਿ ਗਹੀ ਕਿਰਪਾਨਿਧਿ ਗਜ ਗਰਾਹ ਤੇ ਛੂਟਾ॥	(ਗਰਾਹ) ਤੰਦੂਆ	Jab Hee Saran Gehee Kirapaa Nidhh Gaj Garaah Thae Shhoottaa ||	As soon as the elephant took to the protective Sanctuary of the Lord, the ocean of mercy, he escaped from the crocodile.	ਹੇ ਭਾਈ! ਜਿਸ ਵੇਲੇ ਹੀ (ਗਜ ਨੇ) ਕਿਰਪਾ ਦੇ ਸਮੁੰਦਰ ਪਰਮਾਤਮਾ ਦਾ ਆਸਰਾ ਲਿਆ ਉਹ ਗਜ (ਹਾਥੀ) ਤੰਦੂਏ ਦੀ ਫਾਹੀ ਤੋਂ ਨਿਕਲ ਗਿਆ ਸੀ।
27564	632	ਮਹਮਾ ਨਾਮ ਕਹਾ ਲਉ ਬਰਨਉ ਰਾਮ ਕਹਤ ਬੰਧਨ ਤਿਹ ਤੂਟਾ॥੨॥		Mehamaa Naam Kehaa Lo Barano Raam Kehath Bandhhan Thih Thoottaa ||2||	How much can I describe the Glorious Praises of the Naam? Whoever chants the Lord's Name, his bonds are broken. ||2||	ਮੈਂ ਕਿਥੋਂ ਤਕ ਪਰਮਾਤਮਾ ਦੇ ਨਾਮ ਦੀ ਵਡਿਆਈ ਦੱਸਾਂ? ਪਰਮਾਤਮਾ ਦਾ ਨਾਮ ਉਚਾਰ ਕੇ ਉਸ (ਹਾਥੀ) ਦੇ ਬੰਧਨ ਟੁੱਟ ਗਏ ਸਨ ॥੨॥
27565	632	ਅਜਾਮਲੁ ਪਾਪੀ ਜਗੁ ਜਾਨੇ ਨਿਮਖ ਮਾਹਿ ਨਿਸਤਾਰਾ॥	ਅਜਾਮੱਲੁ	Ajaamal Paapee Jag Jaanae Nimakh Maahi Nisathaaraa ||	Ajaamal, known throughout the world as a sinner, was redeemed in an instant.	ਹੇ ਭਾਈ! ਸਾਰਾ ਜਗਤ ਜਾਣਦਾ ਹੈ ਕਿ ਅਜਾਮਲ ਵਿਕਾਰੀ ਸੀ (ਪਰਮਾਤਮਾ ਦੇ ਨਾਮ ਦਾ ਸਿਮਰਨ ਕਰ ਕੇ) ਅੱਖ ਦੇ ਝਮਕਣ ਜਿਤਨੇ ਸਮੇ ਵਿਚ ਹੀ ਉਸ ਦਾ ਪਾਰ-ਉਤਾਰਾ ਹੋ ਗਿਆ ਸੀ।

27566	632	ਨਾਨਕ ਕਹਤ ਚੇਤ ਚਿੰਤਾਮਨਿ ਤੈ ਭੀ ਉਤਰਹਿ ਪਾਰਾ॥੩॥੪॥	ਉੱਤਰ-ਹਿ	Naanak Kehath Chaeth Chinthaaman Thai Bhee Outharehi Paaraa ||3||4||	Says Nanak, remember the Chintaamani, the jewel which fulfills all desires, and you too shall be carried across and saved. ||3||4||	ਨਾਨਕ ਆਖਦਾ ਹੈ-(ਹੇ ਭਾਈ! ਤੂੰ) ਸਾਰੀਆਂ ਚਿਤਵਨੀਆਂ ਪੂਰੀਆਂ ਕਰਨ ਵਾਲੇ ਪਰਮਾਤਮਾ ਦਾ ਨਾਮ ਸਿਮਰਿਆ ਕਰ। ਤੂੰ ਭੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਏਂਗਾ ॥੩॥੪॥
27567	632	ਸੋਰਠਿ ਮਹਲਾ ੯॥		Sorath Mehalaa 9 ||	Sorat'h, Ninth Mehl:	
27568	632	ਪ੍ਰਾਨੀ ਕਉਨੁ ਉਪਾਉ ਕਰੈ॥		Praanee Koun Oupaao Karai ||	What efforts should the mortal make,	(ਹੇ ਭਾਈ! ਦੱਸ,) ਮਨੁੱਖ ਉਹ ਕੇਹੜਾ ਹੀਲਾ ਕਰੇ,
27569	632	ਜਾ ਤੇ ਭਗਤਿ ਰਾਮ ਕੀ ਪਾਵੈ ਜਮ ਕੋ ਤ੍ਰਾਸੁ ਹਰੈ॥੧॥ਰਹਾਉ॥		Jaa Thae Bhagath Raam Kee Paavai Jam Ko Thraas Harai ||1|| Rehaao ||	To attain devotional worship of the Lord, and eradicate the fear of death? ||1||Pause||	ਜਿਸ ਨਾਲ ਪਰਮਾਤਮਾ ਦੀ ਭਗਤੀ ਪ੍ਰਾਪਤ ਕਰ ਸਕੇ; ਅਤੇ ਜਮ ਦਾ ਡਰ ਦੂਰ ਕਰ ਸਕੇ ॥੧॥ ਰਹਾਉ ॥
27570	632	ਕਉਨੁ ਕਰਮ ਬਿਦਿਆ ਕਹੁ ਕੈਸੀ ਧਰਮੁ ਕਉਨੁ ਫੁਨਿ ਕਰਈ॥	ਬਿੱਦਿਆ	Koun Karam Bidhiaa Kahu Kaisee Dhharam Koun Fun Karee ||	Which actions, what sort of knowledge, and what religion - what Dharma should one practice?	(ਹੇ ਭਾਈ!) ਦੱਸ, ਉਹ ਕੇਹੜੇ (ਧਾਰਮਿਕ) ਕਰਮ ਹਨ, ਉਹ ਕਿਹੋ ਜਿਹੀ ਵਿੱਦਿਆ ਹੈ, ਉਹ ਕੇਹੜਾ ਧਰਮ ਹੈ (ਜੇਹੜਾ ਮਨੁੱਖ) ਕਰੇ;

27571	632	ਕਉਨੁ ਨਾਮੁ ਗੁਰ ਜਾ ਕੈ ਸਿਮਰੈ ਭਵ ਸਾਗਰ ਕਉ ਤਰਈ॥੧॥		Koun Naam Gur Jaa Kai Simarai Bhav Saagar Ko Tharee ||1||	What Name of the Guru should one remember in meditation, to cross over the terrifying world-ocean? ||1||	ਉਹ ਕੇਹੜਾ ਗੁਰੂ ਦਾ (ਦੱਸਿਆ) ਨਾਮ ਹੈ ਜਿਸ ਦਾ ਸਿਮਰਨ ਕਰਨ ਨਾਲ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕਦਾ ਹੈ ॥੧॥
27572	632	ਕਲ ਮੈ ਏਕੁ ਨਾਮੁ ਕਿਰਪਾਨਿਧਿ ਜਾਹਿ ਜਪੈ ਗਤਿ ਪਾਵੈ॥		Kal Mai Eaek Naam Kirapaa Nidhh Jaahi Japai Gath Paavai ||	In this Dark Age of Kali Yuga, the Name of the One Lord is the treasure of mercy; chanting it, one obtains salvation.	(ਹੇ ਭਾਈ!) ਕਿਰਪਾ ਦੇ ਖ਼ਜ਼ਾਨੇ ਪਰਮਾਤਮਾ ਦਾ ਨਾਮ ਹੀ ਜਗਤ ਵਿਚ ਹੈ ਜਿਸ ਨੂੰ (ਜੇਹੜਾ ਮਨੁੱਖ) ਜਪਦਾ ਹੈ (ਉਹ) ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ।
27573	632	ਅਉਰ ਧਰਮ ਤਾ ਕੈ ਸਮ ਨਾਹਨਿ ਇਹ ਬਿਧਿ ਬੇਦੁ ਬਤਾਵੈ॥੨॥		Aour Dharam Thaa Kai Sam Naahan Eih Bidhh Baedh Bathaavai ||2||	No other religion is comparable to this; so speak the Vedas. ||2||	ਹੋਰ ਕਿਸੇ ਤਰ੍ਹਾਂ ਦੇ ਭੀ ਕੋਈ ਕਰਮ ਉਸ (ਨਾਮ) ਦੇ ਬਰਾਬਰ ਨਹੀਂ ਹਨ-ਬੇਦ (ਭੀ) ਇਹ ਜੁਗਤਿ ਦੱਸਦਾ ਹੈ ॥੨॥
27574	632	ਸੁਖੁ ਦੁਖੁ ਰਹਤ ਸਦਾ ਨਿਰਲੇਪੀ ਜਾ ਕਉ ਕਹਤ ਗੁਸਾਈ॥		Sukh Dhukh Rehath Sadhaa Niralaepee Jaa Ko Kehath Gusaaee ||	He is beyond pain and pleasure, forever unattached; He is called the Lord of the world.	(ਹੇ ਭਾਈ!) ਜਿਸ ਨੂੰ (ਜਗਤ) ਧਰਤੀ ਦਾ ਖਸਮ ਆਖਦਾ ਹੈ ਉਹ ਸੁਖਾਂ ਦੁੱਖਾਂ ਤੋਂ ਵੱਖਰਾ ਰਹਿੰਦਾ ਹੈ, ਉਹ ਸਦਾ (ਮਾਇਆ ਤੋਂ) ਨਿਰਲੇਪ ਰਹਿੰਦਾ ਹੈ।

27575	632	ਸੋ ਤੁਮ ਹੀ ਮਹਿ ਬਸੈ ਨਿਰੰਤਰਿ ਨਾਨਕ ਦਰਪਨਿ ਨਿਆਈ॥੩॥੫॥	(ਦਰਪਨ) ਸ਼ੀਸ਼ੇ (ਨਿਆਈ) ਵਾਂਗ	So Thum Hee Mehi Basai Niranthar Naanak Dharapan Niaaee ||3||5||	He dwells deep within your inner self, O Nanak, like the image in a mirror. ||3||5||	ਹੇ ਨਾਨਕ! (ਆਖ-ਉਹ ਤੇਰੇ ਅੰਦਰ ਭੀ ਇਕ-ਰਸ ਵੱਸ ਰਿਹਾ ਹੈ, ਜਿਵੇਂ ਸ਼ੀਸ਼ੇ (ਵਿਚ ਅਕਸ ਵੱਸਦਾ ਹੈ। ਉਸ ਦਾ ਸਦਾ ਸਿਮਰਨ ਕਰਨਾ ਚਾਹੀਦਾ ਹੈ) ॥੩॥੫॥
27576	632	ਸੋਰਠਿ ਮਹਲਾ ੯॥		Sorath Mehalaa 9 ||	Sorat'h, Ninth Mehl:	
27577	632	ਮਾਈ ਮੈ ਕਿਹਿ ਬਿਧਿ ਲਖਉ ਗੁਸਾਈ॥	ਬਿਧਿ:ਪੋਲਾ ਬੋਲੋ	Maaee Mai Kihi Bidhh Lakho Gusaaee ||	O mother, how can I see the Lord of the world?	ਹੇ ਮਾਂ! ਧਰਤੀ ਦੇ ਖਸਮ-ਪ੍ਰਭੂ ਨੂੰ ਮੈਂ ਕਿਸ ਤਰ੍ਹਾਂ ਪਛਾਣਾਂ?
27578	632	ਮਹਾ ਮੋਹ ਅਗਿਆਨਿ ਤਿਮਰਿ ਮੋ ਮਨੁ ਰਹਿਓ ਉਰਝਾਈ॥੧॥ਰਹਾਉ ॥	(ਤਿਮਰਿ) ਹਨੇਰਾ	Mehaa Moh Agiaan Thimar Mo Man Rehiou Ourajhaaee ||1|| Rehaao ||	In the utter darkness of emotional attachment and spiritual ignorance, my mind remains entangled. ||1||Pause||	ਮੇਰਾ ਮਨ (ਤਾਂ) ਵੱਡੇ ਮੋਹ ਦੀ ਅਗਿਆਨਤਾ ਵਿਚ, ਮੋਹ ਦੇ ਹਨੇਰੇ ਵਿਚ (ਸਦਾ) ਫਸਿਆ ਰਹਿੰਦਾ ॥੧॥ ਰਹਾਉ ॥
27579	632	ਸਗਲ ਜਨਮ ਭਰਮ ਹੀ ਭਰਮ ਖੋਇਓ ਨਹ ਅਸਥਿਰੁ ਮਤਿ ਪਾਈ॥		Sagal Janam Bharam Hee Bharam Khoeiou Neh Asathhir Math Paaee ||	Deluded by doubt, I have wasted my whole life; I have not obtained a stable intellect.	(ਹੇ ਮਾਂ! ਮੈਂ ਆਪਣਾ) ਸਾਰਾ ਜਨਮ ਭਟਕਣਾ ਵਿਚ ਹੀ ਗਵਾ ਲਿਆ ਹੈ। (ਅਜੇ ਤਕ ਅਜੇਹੀ) ਮਤਿ ਨਹੀਂ ਹਾਸਲ ਕੀਤੀ (ਜੋ ਮੈਨੂੰ) ਅਡੋਲ ਰੱਖ ਸਕੇ।

27580	632	ਬਿਖਿਆਸਕਤ ਰਹਿਓ ਨਿਸ ਬਾਸੁਰ ਨਹ ਛੂਟੀ ਅਧਮਾਈ॥੧॥	(ਬਿਖਿਆ-ਸਕਤ) ਮਾਇਆ ਚ ਮੋਹਤ ਹੋ ਕੇ। (ਅਧਮਾਈ) ਨੀਚਤਾਈ	Bikhiaasakath Rehiou Nis Baasur Neh Shhoottee Adhhamaaee ||1||	I remain under the influence of corrupting sins, night and day, and I have not renounced wickedness. ||1||	ਦਿਨ ਰਾਤ ਮੈਂ ਮਾਇਆ ਵਿਚ ਹੀ ਲੰਪਟ ਰਹਿੰਦਾ ਹਾਂ। ਮੇਰੀ ਇਹ ਨੀਚਤਾ ਮੁੱਕਣ ਵਿਚ ਨਹੀਂ ਆਉਂਦੀ ॥੧॥
27581	632	ਸਾਧਸੰਗੁ ਕਬਹੂ ਨਹੀ ਕੀਨਾ ਨਹ ਕੀਰਤਿ ਪ੍ਰਭ ਗਾਈ॥		Saadhhasang Kabehoo Nehee Keenaa Neh Keerath Prabh Gaaee ||	I never joined the Saadh Sangat, the Company of the Holy, and I did not sing the Kirtan of God's Praises.	ਹੇ ਮਾਂ! ਮੈਂ ਕਦੇ ਗੁਰਮੁਖਾਂ ਦੀ ਸੰਗਤਿ ਨਹੀਂ ਕੀਤੀ, ਮੈਂ ਕਦੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਨਹੀਂ ਗਾਇਆ।
27582	632	ਜਨ ਨਾਨਕ ਮੈ ਨਾਹਿ ਕੋਊ ਗੁਨੁ ਰਾਖਿ ਲੇਹੁ ਸਰਨਾਈ॥੨॥੬॥		Jan Naanak Mai Naahi Kooo Gun Raakh Laehu Saranaaee ||2||6||	O servant Nanak, I have no virtues at all; keep me in Your Sanctuary, Lord. ||2||6||	ਹੇ ਦਾਸ ਨਾਨਕ! (ਆਖ-ਹੇ ਪ੍ਰਭੂ!) ਮੇਰੇ ਅੰਦਰ ਕੋਈ ਗੁਣ ਨਹੀਂ ਹੈ। ਮੈਨੂੰ ਆਪਣੀ ਸ਼ਰਨ ਵਿਚ ਰੱਖ ॥੨॥੬॥
27583	632	ਸੋਰਠਿ ਮਹਲਾ ੯॥		Sorath Mehalaa 9 ||	Sorat'h, Ninth Mehl:	
27584	632	ਮਾਈ ਮਨੁ ਮੇਰੋ ਬਸਿ ਨਾਹਿ॥	ਬੱਸਿ	Maaee Man Maero Bas Naahi ||	O mother, my mind is out of control.	ਹੇ ਮਾਂ! ਮੇਰਾ ਮਨ ਮੇਰੇ ਕਾਬੂ ਵਿਚ ਨਹੀਂ।

27585	632	ਨਿਸ ਬਾਸੁਰ ਬਿਖਿਅਨ ਕਉ ਧਾਵਤ ਕਿਹਿ ਬਿਧਿ ਰੋਕਉ ਤਾਹਿ॥੧॥ਰਹਾਉ॥		Nis Baasur Bikhian Ko Dhhaavath Kihi Bidhh Roko Thaahi ||1|| Rehaao ||	Night and day, it runs after sin and corruption. How can I restrain it? ||1||Pause||	ਰਾਤ ਦਿਨ ਪਦਾਰਥਾਂ ਦੀ ਖ਼ਾਤਰ ਦੌੜਦਾ ਫਿਰਦਾ ਹੈ। ਮੈਂ ਇਸ ਨੂੰ ਕਿਸ ਤਰੀਕੇ ਨਾਲ ਰੋਕਾਂ? ॥੧॥ ਰਹਾਉ ॥
27586	632	ਬੇਦ ਪੁਰਾਨ ਸਿਮ੍ਰਿਤਿ ਕੇ ਮਤ ਸੁਨਿ ਨਿਮਖ ਨ ਹੀਏ ਬਸਾਵੈ॥	ਸਿਮ-ਰ੍ਿਤਿ	Baedh Puraan Simrith Kae Math Sun Nimakh N Heeeae Basaavai ||	He listens to the teachings of the Vedas, the Puraanas and the Simritees, but he does not enshrine them in his heart, even for an instant.	ਇਹ ਜੀਵ ਵੇਦਾਂ ਪੁਰਾਣਾਂ ਸਿੰਮ੍ਰਿਤੀਆਂ ਦਾ ਉਪਦੇਸ਼ ਸੁਣ ਕੇ (ਭੀ) ਰਤਾ ਭਰ ਸਮੇ ਲਈ ਭੀ (ਉਸ ਉਪਦੇਸ਼ ਨੂੰ ਆਪਣੇ) ਹਿਰਦੇ ਵਿਚ ਨਹੀਂ ਵਸਾਂਦਾ।
27587	632	ਪਰ ਧਨ ਪਰ ਦਾਰਾ ਸਿਉ ਰਚਿਓ ਬਿਰਥਾ ਜਨਮੁ ਸਿਰਾਵੈ॥੧॥	(ਸਿਰਾਵੈ) ਗੁਜ਼ਾਰਦਾ	Par Dhhan Par Dhaaraa Sio Rachiou Birathhaa Janam Siraavai ||1||	Engrossed in the wealth and women of others, his life passes away uselessly. ||1||	ਪਰਾਏ ਧਨ, ਪਰਾਈ ਇਸਤ੍ਰੀ ਦੇ ਮੋਹ ਵਿਚ ਮਸਤ ਰਹਿੰਦਾ ਹੈ, (ਇਸ ਤਰ੍ਹਾਂ ਆਪਣਾ) ਜਨਮ ਵਿਅਰਥ ਗੁਜ਼ਾਰਦਾ ਹੈ ॥੧॥
27588	632	ਮਦਿ ਮਾਇਆ ਕੈ ਭਇਓ ਬਾਵਰੋ ਸੂਝਤ ਨਹ ਕਛੁ ਗਿਆਨਾ॥		Madh Maaeiaa Kai Bhaeiou Baavaro Soojhath Neh Kashh Giaanaa ||	He has gone insane with the wine of Maya, and does not understand even a bit of spiritual wisdom.	ਜੀਵ ਮਾਇਆ ਦੇ ਨਸ਼ੇ ਵਿਚ ਝੱਲਾ ਹੋ ਰਿਹਾ ਹੈ, ਆਤਮਕ ਜੀਵਨ ਬਾਰੇ ਇਸ ਨੂੰ ਕੋਈ ਸੂਝ ਨਹੀਂ ਪੈਂਦੀ।

27589	632	ਘਟ ਹੀ ਭੀਤਰਿ ਬਸਤ ਨਿਰੰਜਨੁ ਤਾ ਕੋ ਮਰਮੁ ਨ ਜਾਨਾ॥੨॥		Ghatt Hee Bheethar Basath Niranjan Thaa Ko Maram N Jaanaa ||2||	Deep within his heart, the Immaculate Lord dwells, but he does not know this secret. ||2||	ਮਾਇਆ ਤੋਂ ਨਿਰਲੇਪ ਪ੍ਰਭੂ ਇਸ ਦੇ ਹਿਰਦੇ ਵਿਚ ਹੀ ਵੱਸਦਾ ਹੈ, ਪਰ ਉਸ ਦਾ ਭੇਦ ਇਹ ਜੀਵ ਨਹੀਂ ਸਮਝਦਾ ॥੨॥
27590	633	ਜਬ ਹੀ ਸਰਨਿ ਸਾਧ ਕੀ ਆਇਓ ਦੁਰਮਤਿ ਸਗਲ ਬਿਨਾਸੀ॥		Jab Hee Saran Saadhh Kee Aaeiou Dhuramath Sagal Binaasee ||	When I came to the Sanctuary of the Holy Saints, all my evil-mindedness was dispelled.	ਜਦੋਂ ਜੀਵ ਗੁਰੂ ਦੀ ਸ਼ਰਨ ਪੈਂਦਾ ਹੈ, ਤਦੋਂ ਇਸ ਦੀ ਸਾਰੀ ਕੋਝੀ ਮਤਿ ਨਾਸ ਹੋ ਜਾਂਦੀ ਹੈ।
27591	633	ਤਬ ਨਾਨਕ ਚੇਤਿਓ ਚਿੰਤਾਮਨਿ ਕਾਟੀ ਜਮ ਕੀ ਫਾਸੀ॥੩॥੭॥		Thab Naanak Chaethiou Chinthaaman Kaattee Jam Kee Faasee ||3||7||	Then, O Nanak, I remembered the Chintaamani, the jewel which fulfills all desires, and the noose of Death was snapped. ||3||7||	ਤਦੋਂ, ਹੇ ਨਾਨਕ! ਇਹ ਸਾਰੀਆਂ ਮਨੋ-ਕਾਮਨਾ ਪੂਰੀਆਂ ਕਰਨ ਵਾਲੇ ਪਰਮਾਤਮਾ ਨੂੰ ਸਿਮਰਦਾ ਹੈ; ਤੇ, ਇਸ ਦੀ ਜਮ ਦੀ ਫਾਹੀ (ਭੀ) ਕੱਟੀ ਜਾਂਦੀ ਹੈ ॥੩॥੭॥
27592	633	ਸੋਰਠਿ ਮਹਲਾ ੯॥		Sorath Mehalaa 9 ||	Sorat'h, Ninth Mehl:	
27593	633	ਰੇ ਨਰ ਇਹ ਸਾਚੀ ਜੀਅ ਧਾਰਿ॥		Rae Nar Eih Saachee Jeea Dhaar ||	O man, grasp this Truth firmly in your soul.	ਹੇ ਮਨੁੱਖ! ਆਪਣੇ ਦਿਲ ਵਿਚ ਇਹ ਪੱਕੀ ਗੱਲ ਟਿਕਾ ਲੈ,

27594	633	ਸਗਲ ਜਗਤੁ ਹੈ ਜੈਸੇ ਸੁਪਨਾ ਬਿਨਸਤ ਲਗਤ ਨ ਬਾਰ॥੧॥ਰਹਾਉ॥	ਜੱਗਤੁ	Sagal Jagath Hai Jaisae Supanaa Binasath Lagath N Baar ||1|| Rehaao ||	The whole world is just like a dream; it will pass away in an instant. ||1||Pause||	(ਕਿ) ਸਾਰਾ ਸੰਸਾਰ ਸੁਪਨੇ ਵਰਗਾ ਹੈ, (ਇਸ ਦੇ) ਨਾਸ ਹੁੰਦਿਆਂ ਚਿਰ ਨਹੀਂ ਲੱਗਦਾ ॥੧॥ ਰਹਾਉ ॥
27595	633	ਬਾਰੂ ਭੀਤਿ ਬਨਾਈ ਰਚਿ ਪਚਿ ਰਹਤ ਨਹੀ ਦਿਨ ਚਾਰਿ॥		Baaroo Bheeth Banaaee Rach Pach Rehath Nehee Dhin Chaar ||	Like a wall of sand, built up and plastered with great care, which does not last even a few days,	ਹੇ ਭਾਈ! (ਜਿਵੇਂ ਕਿਸੇ ਨੇ) ਰੇਤ ਦੀ ਕੰਧ ਉਸਾਰ ਕੇ ਪੋਚ ਕੇ ਤਿਆਰ ਕੀਤੀ ਹੋਵੇ; ਪਰ ਉਹ ਕੰਧ ਚਾਰ ਦਿਨ ਭੀ (ਟਿਕੀ) ਨਹੀਂ ਰਹਿੰਦੀ।
27596	633	ਤੈਸੇ ਹੀ ਇਹ ਸੁਖ ਮਾਇਆ ਕੇ ਉਰਝਿਓ ਕਹਾ ਗਵਾਰ॥੧॥		Thaisae Hee Eih Sukh Maaeiaa Kae Ourajhiou Kehaa Gavaar ||1||	Just so are the pleasures of Maya. Why are you entangled in them, you ignorant fool? ||1||	ਇਸ ਮਾਇਆ ਦੇ ਸੁਖ ਭੀ ਉਸ (ਰੇਤ ਦੀ ਕੰਧ) ਵਰਗੇ ਹੀ ਹਨ। ਹੇ ਮੂਰਖ! ਤੂੰ ਇਹਨਾਂ ਸੁਖਾਂ ਵਿਚ ਕਿਉਂ ਮਸਤ ਹੋ ਰਿਹਾ ਹੈਂ? ॥੧॥
27597	633	ਅਜਹੂ ਸਮਝਿ ਕਛੁ ਬਿਗਰਿਓ ਨਾਹਿਨਿ ਭਜਿ ਲੇ ਨਾਮੁ ਮੁਰਾਰਿ॥		Ajehoo Samajh Kashh Bigariou Naahin Bhaj Lae Naam Muraar ||	Understand this today - it is not yet too late! Chant and vibrate the Name of the Lord.	ਹੇ ਭਾਈ! ਅਜੇ ਭੀ ਸਮਝ ਜਾ (ਅਜੇ) ਕੁਝ ਵਿਗੜਿਆ ਨਹੀਂ; ਤੇ ਪਰਮਾਤਮਾ ਦਾ ਨਾਮ ਸਿਮਰਿਆ ਕਰ।

27598	633	ਕਹੁ ਨਾਨਕ ਨਿਜ ਮਤੁ ਸਾਧਨ ਕਉ ਭਾਖਿਓ ਤੋਹਿ ਪੁਕਾਰਿ॥੨॥੮॥		Kahu Naanak Nij Math Saadhhan Ko Bhaakhiou Thohi Pukaar ||2||8||	Says Nanak, this is the subtle wisdom of the Holy Saints, which I proclaim out loud to you. ||2||8||	ਨਾਨਕ ਆਖਦਾ ਹੈ- (ਹੇ ਭਾਈ!) ਮੈਂ ਤੈਨੂੰ ਗੁਰਮੁਖਾਂ ਦਾ ਇਹ ਨਿਜੀ ਖ਼ਿਆਲ ਪੁਕਾਰ ਕੇ ਸੁਣਾ ਰਿਹਾ ਹਾਂ ॥੨॥੮॥
27599	633	ਸੋਰਠਿ ਮਹਲਾ ੯॥		Sorath Mehalaa 9 ||	Sorat'h, Ninth Mehl:	
27600	633	ਇਹ ਜਗਿ ਮੀਤੁ ਨ ਦੇਖਿਓ ਕੋਈ॥	ਜੱਗਿ	Eih Jag Meeth N Dhaekhiou Koee ||	In this world, I have not found any true friend.	ਹੇ ਭਾਈ! ਇਸ ਜਗਤ ਵਿਚ ਕੋਈ (ਤੋੜ ਸਾਥ ਨਿਬਾਹੁਣ ਵਾਲਾ) ਮਿੱਤਰ (ਮੈਂ) ਨਹੀਂ ਵੇਖਿਆ।
27601	633	ਸਗਲ ਜਗਤੁ ਅਪਨੈ ਸੁਖ ਲਾਗਿਓ ਦੁਖ ਮੈ ਸੰਗਿ ਨ ਹੋਈ॥੧॥ਰਹਾਉ॥		Sagal Jagath Apanai Sukh Laagiou Dhukh Mai Sang N Hoee ||1|| Rehaao ||	The whole world is attached to its own pleasures, and when trouble comes, no one is with you. ||1||Pause||	ਸਾਰਾ ਸੰਸਾਰ ਆਪਣੇ ਸੁਖ ਵਿਚ ਹੀ ਜੁੱਟਾ ਪਿਆ ਹੈ। ਦੁੱਖ ਵਿਚ (ਕੋਈ ਕਿਸੇ ਦੇ) ਨਾਲ (ਸਾਥੀ) ਨਹੀਂ ਬਣਦਾ ॥੧॥ ਰਹਾਉ ॥
27602	633	ਦਾਰਾ ਮੀਤ ਪੂਤ ਸਨਬੰਧੀ ਸਗਰੇ ਧਨ ਸਿਉ ਲਾਗੇ॥		Dhaaraa Meeth Pooth Sanabandhhee Sagarae Dhhan Sio Laagae ||	Wives, friends, children and relatives - all are attached to wealth.	ਹੇ ਭਾਈ! ਇਸਤ੍ਰੀ, ਮਿੱਤਰ, ਪੁੱਤਰ, ਰਿਸ਼ਤੇਦਾਰ-ਇਹ ਸਾਰੇ ਧਨ ਨਾਲ (ਹੀ) ਪਿਆਰ ਕਰਦੇ ਹਨ।

27603	633	ਜਬ ਹੀ ਨਿਰਧਨ ਦੇਖਿਓ ਨਰ ਕਉ ਸੰਗੁ ਛਾਡਿ ਸਭ ਭਾਗੇ॥੧॥		Jab Hee Niradhhan Dhaekhiou Nar Ko Sang Shhaadd Sabh Bhaagae ||1||	When they see a poor man, they all forsake his company and run away. ||1||	ਜਦੋਂ ਹੀ ਇਹਨਾਂ ਨੇ ਮਨੁੱਖ ਨੂੰ ਕੰਗਾਲ ਵੇਖਿਆ, (ਤਦੋਂ) ਸਾਥ ਛੱਡ ਕੇ ਨੱਸ ਜਾਂਦੇ ਹਨ ॥੧॥
27604	633	ਕਹੰਉ ਕਹਾ ਯਿਆ ਮਨ ਬਉਰੇ ਕਉ ਇਨ ਸਿਉ ਨੇਹੁ ਲਗਾਇਓ॥	ਯਿਆ:ਦਾ ਯਿ ਤਾਲੂ ਤੋਂ ਬੋਲੋ	Kehano Kehaa Yiaa Man Bourae Ko Ein Sio Naehu Lagaaeiou ||	So what should I say to this crazy mind, which is affectionately attached to them?	ਹੇ ਭਾਈ! ਮੈਂ ਇਸ ਝੱਲੇ ਮਨ ਨੂੰ ਕੀਹ ਸਮਝਾਵਾਂ? (ਇਸ ਨੇ) ਇਹਨਾਂ (ਕੱਚੇ ਸਾਥੀਆਂ) ਨਾਲ ਪਿਆਰ ਪਾਇਆ ਹੋਇਆ ਹੈ।
27605	633	ਦੀਨਾ ਨਾਥ ਸਕਲ ਭੈ ਭੰਜਨ ਜਸੁ ਤਾ ਕੋ ਬਿਸਰਾਇਓ॥੨॥		Dheenaa Naathh Sakal Bhai Bhanjan Jas Thaa Ko Bisaraaeiou ||2||	The Lord is the Master of the meek, the Destroyer of all fears, and I have forgotten to praise Him. ||2||	(ਜੇਹੜਾ ਪਰਮਾਤਮਾ) ਗਰੀਬਾਂ ਦਾ ਰਾਖਾ ਤੇ ਸਾਰੇ ਡਰ ਨਾਸ ਕਰਨ ਵਾਲਾ ਹੈ ਉਸ ਦੀ ਸਿਫ਼ਤ-ਸਾਲਾਹ (ਇਸ ਨੇ) ਭੁਲਾਈ ਹੋਈ ਹੈ ॥੨॥
27606	633	ਸੁਆਨ ਪੂਛ ਜਿਉ ਭਇਓ ਨ ਸੂਧਉ ਬਹੁਤੁ ਜਤਨੁ ਮੈ ਕੀਨਉ॥		Suaan Pooshh Jio Bhaeiou N Soodhho Bahuth Jathan Mai Keeno ||	Like a dog's tail, which will never straighten out, the mind will not change, no matter how many things are tried.	ਹੇ ਭਾਈ! ਜਿਵੇਂ ਕੁੱਤੇ ਦੀ ਪੂਛਲ ਸਿੱਧੀ ਨਹੀਂ ਹੁੰਦੀ (ਇਸੇ ਤਰ੍ਹਾਂ ਇਸ ਮਨ ਦੀ ਪਰਮਾਤਮਾ ਦੀ ਯਾਦ ਵਲੋਂ ਲਾ-ਪਰਵਾਹੀ ਹਟਦੀ ਨਹੀਂ) ਮੈਂ ਬਹੁਤ ਜਤਨ ਕੀਤਾ ਹੈ।

27607	633	ਨਾਨਕ ਲਾਜ ਬਿਰਦ ਕੀ ਰਾਖਹੁ ਨਾਮੁ ਤੁਹਾਰਉ ਲੀਨਉ॥੩॥੯॥		Naanak Laaj Biradh Kee Raakhahu Naam Thuhaaro Leeno ||3||9||	Says Nanak, please, Lord, uphold the honor of Your innate nature; I chant Your Name. ||3||9||	ਹੇ ਨਾਨਕ! (ਆਖ-ਹੇ ਪ੍ਰਭੂ! ਆਪਣੇ) ਮੁੱਢ-ਕਦੀਮਾਂ ਦੇ (ਪਿਆਰ ਵਾਲੇ) ਸੁਭਾਵ ਦੀ ਲਾਜ ਰੱਖ (ਮੇਰੀ ਮਦਦ ਕਰ, ਤਾਂ ਹੀ) ਮੈਂ ਤੇਰਾ ਨਾਮ ਜਪ ਸਕਦਾ ਹਾਂ ॥੩॥੯॥
27608	633	ਸੋਰਠਿ ਮਹਲਾ ੯॥		Sorath Mehalaa 9 ||	Sorat'h, Ninth Mehl:	
27609	633	ਮਨ ਰੇ ਗਹਿਓ ਨ ਗੁਰ ਉਪਦੇਸੁ॥		Man Rae Gehiou N Gur Oupadhaes ||	O mind, you have not accepted the Guru's Teachings.	ਹੇ ਮਨ! ਤੂੰ ਗੁਰੂ ਦੀ ਸਿੱਖਿਆ ਗ੍ਰਹਿਣ ਨਹੀਂ ਕਰਦਾ।
27610	633	ਕਹਾ ਭਇਓ ਜਉ ਮੂਡੁ ਮੁਡਾਇਓ ਭਗਵਉ ਕੀਨੋ ਭੇਸੁ॥੧॥ਰਹਾਉ॥		Kehaa Bhaeiou Jo Moodd Muddaaeiou Bhagavo Keeno Bhaes ||1|| Rehaao ||	What is the use of shaving your head, and wearing saffron robes? ||1||Pause||	(ਹੇ ਭਾਈ! ਗੁਰੂ ਦਾ ਉਪਦੇਸ਼ ਭੁਲਾ ਕੇ) ਜੇ ਸਿਰ ਭੀ ਮੁਨਾ ਲਿਆ, ਤੇ, ਭਗਵੇ ਰੰਗ ਦੇ ਕੱਪੜੇ ਪਾ ਲਏ, ਤਾਂ ਭੀ ਕੀਹ ਬਣਿਆ? (ਆਤਮਕ ਜੀਵਨ ਦਾ ਕੁਝ ਭੀ ਨਾਹ ਸੌਰਿਆ) ॥੧॥ ਰਹਾਉ ॥
27611	633	ਸਾਚ ਛਾਡਿ ਕੈ ਝੂਠਹ ਲਾਗਿਓ ਜਨਮੁ ਅਕਾਰਥੁ ਖੋਇਓ॥		Saach Shhaadd Kai Jhootheh Laagiou Janam Akaarathh Khoeiou ||	Abandoning Truth, you cling to falsehood; your life is uselessly wasting away.	(ਹੇ ਭਾਈ! ਭਗਵਾ ਭੇਖ ਤਾਂ ਧਾਰ ਲਿਆ, ਪਰ) ਸਦਾ-ਥਿਰ ਪ੍ਰਭੂ ਦਾ ਨਾਮ ਛੱਡ ਕੇ ਨਾਸਵੰਤ ਪਦਾਰਥਾਂ ਵਿਚ ਹੀ ਸੁਰਤਿ ਜੋੜੀ ਰੱਖੀ,

27612	633	ਕਰਿ ਪਰਪੰਚ ਉਦਰ ਨਿਜ ਪੋਖਿਓ ਪਸੁ ਕੀ ਨਿਆਈ ਸੋਇਓ॥੧॥	(ਪਰਪੰਚ) ਛਲ। (ਉਦ-ਰ) ਪੇਟ। (ਨਿਜ) ਅਪਣਾ। (ਪੋਖਿਓ) ਭਰਿਆ	Kar Parapanch Oudhar Nij Pokhiou Pas Kee Niaaee Soeiou ||1||	Practicing hypocrisy, you fill your belly, and then sleep like an animal. ||1||	(ਲੋਕਾਂ ਨਾਲ) ਛਲ ਕਰ ਕੇ ਆਪਣਾ ਪੇਟ ਪਾਲਦਾ ਰਿਹਾ, ਤੇ, ਪਸ਼ੂਆਂ ਵਾਂਗ ਸੁੱਤਾ ਰਿਹਾ ॥੧॥
27613	633	ਰਾਮ ਭਜਨ ਕੀ ਗਤਿ ਨਹੀ ਜਾਨੀ ਮਾਇਆ ਹਾਥਿ ਬਿਕਾਨਾ॥		Raam Bhajan Kee Gath Nehee Jaanee Maaeiaa Haathh Bikaanaa ||	You do not know the Way of the Lord's meditation; you have sold yourself into Maya's hands.	ਹੇ ਭਾਈ! (ਗ਼ਾਫ਼ਿਲ ਮਨੁੱਖ) ਪਰਮਾਤਮਾ ਦੇ ਭਜਨ ਦੀ ਜੁਗਤਿ ਨਹੀਂ ਸਮਝਦਾ, ਮਾਇਆ ਦੇ ਹੱਥ ਵਿਚ ਵਿਕਿਆ ਰਹਿੰਦਾ ਹੈ।
27614	633	ਉਰਝਿ ਰਹਿਓ ਬਿਖਿਅਨ ਸੰਗਿ ਬਉਰਾ ਨਾਮੁ ਰਤਨੁ ਬਿਸਰਾਨਾ॥੨॥		Ourajh Rehiou Bikhian Sang Bouraa Naam Rathan Bisaraanaa ||2||	The madman remains entangled in vice and corruption; he has forgotten the jewel of the Naam. ||2||	ਕਮਲਾ ਮਨੁੱਖ ਮਾਇਕ ਪਦਾਰਥਾਂ (ਦੇ ਮੋਹ) ਵਿਚ ਮਗਨ ਰਹਿੰਦਾ ਹੈ, ਤੇ, ਪ੍ਰਭੂ ਦੇ (ਸ੍ਰੇਸ਼ਟ) ਰਤਨ-ਨਾਮ ਨੂੰ ਭੁਲਾਈ ਰੱਖਦਾ ਹੈ ॥੨॥
27615	633	ਰਹਿਓ ਅਚੇਤੁ ਨ ਚੇਤਿਓ ਗੋਬਿੰਦ ਬਿਰਥਾ ਅਉਧ ਸਿਰਾਨੀ॥		Rehiou Achaeth N Chaethiou Gobindh Birathhaa Aoudhh Siraanee ||	He remains thoughtless, not thinking of the Lord of the Universe; his life is uselessly passing away.	(ਮਨੁੱਖ ਮਾਇਆ ਵਿਚ ਫਸ ਕੇ) ਅਵੇਸਲਾ ਹੋਇਆ ਰਹਿੰਦਾ ਹੈ, ਪਰਮਾਤਮਾ ਨੂੰ ਯਾਦ ਨਹੀਂ ਕਰਦਾ, ਸਾਰੀ ਉਮਰ ਵਿਅਰਥ ਗੁਜ਼ਾਰ ਲੈਂਦਾ ਹੈ।

27616	633	ਕਹੁ ਨਾਨਕ ਹਰਿ ਬਿਰਦੁ ਪਛਾਨਉ ਭੂਲੇ ਸਦਾ ਪਰਾਨੀ॥੩॥੧੦॥		Kahu Naanak Har Biradh Pashhaano Bhoolae Sadhaa Paraanee ||3||10||	Says Nanak, O Lord, please, confirm your innate nature; this mortal is continually making mistakes. ||3||10||	ਨਾਨਕ ਆਖਦਾ ਹੈ- ਹੇ ਹਰੀ! ਤੂੰ ਆਪਣੇ ਮੁੱਢ-ਕਦੀਮਾਂ ਦੇ (ਪਿਆਰ ਵਾਲੇ) ਸੁਭਾਵ ਨੂੰ ਚੇਤੇ ਰੱਖ। ਇਹ ਜੀਵ ਤਾਂ ਸਦਾ ਭੁੱਲੇ ਹੀ ਰਹਿੰਦੇ ਹਨ ॥੩॥੧੦॥
27617	633	ਸੋਰਠਿ ਮਹਲਾ ੯॥		Sorath Mehalaa 9 ||	Sorat'h, Ninth Mehl:	
27618	633	ਜੋ ਨਰੁ ਦੁਖ ਮੈ ਦੁਖੁ ਨਹੀ ਮਾਨੈ॥		Jo Nar Dhukh Mai Dhukh Nehee Maanai ||	That man, who in the midst of pain, does not feel pain,	ਹੇ ਭਾਈ! ਜੇਹੜਾ ਮਨੁੱਖ ਦੁੱਖਾਂ ਵਿਚ ਘਬਰਾਂਦਾ ਨਹੀਂ,
27619	633	ਸੁਖ ਸਨੇਹੁ ਅਰੁ ਭੈ ਨਹੀ ਜਾ ਕੈ ਕੰਚਨ ਮਾਟੀ ਮਾਨੈ॥੧॥ਰਹਾਉ॥		Sukh Sanaehu Ar Bhai Nehee Jaa Kai Kanchan Maattee Maanai ||1|| Rehaao ||	Who is not affected by pleasure, affection or fear, and who looks alike upon gold and dust;||1||Pause||	ਜਿਸ ਮਨੁੱਖ ਦੇ ਹਿਰਦੇ ਵਿਚ ਸੁਖਾਂ ਨਾਲ ਮੋਹ ਨਹੀਂ, ਅਤੇ (ਕਿਸੇ ਕਿਸਮ ਦੇ) ਡਰ ਨਹੀਂ, ਜੇਹੜਾ ਮਨੁੱਖ ਸੋਨੇ ਨੂੰ ਮਿੱਟੀ (ਸਮਾਨ) ਸਮਝਦਾ ਹੈ (ਉਸ ਦੇ ਅੰਦਰ ਪਰਮਾਤਮਾ ਦਾ ਨਿਵਾਸ ਹੋ ਜਾਂਦਾ ਹੈ) ॥੧॥ ਰਹਾਉ ॥
27620	633	ਨਹ ਨਿੰਦਿਆ ਨਹ ਉਸਤਤਿ ਜਾ ਕੈ ਲੋਭੁ ਮੋਹੁ ਅਭਿਮਾਨਾ॥		Neh Nindhiaa Neh Ousathath Jaa Kai Lobh Mohu Abhimaanaa ||	Who is not swayed by either slander or praise, nor affected by greed, attachment or pride;	ਹੇ ਭਾਈ! ਜਿਸ ਮਨੁੱਖ ਦੇ ਅੰਦਰ ਕਿਸੇ ਦੀ ਚੁਗ਼ਲੀ-ਬੁਰਾਈ ਨਹੀਂ, ਕਿਸੇ ਦੀ ਖ਼ੁਸ਼ਾਮਦ ਨਹੀਂ, ਜਿਸ ਦੇ ਅੰਦਰ ਨਾਹ ਲੋਭ ਹੈ, ਨਾਹ ਮੋਹ ਹੈ, ਨਾਹ ਅਹੰਕਾਰ ਹੈ;

27621	633	ਹਰਖ ਸੋਗ ਤੇ ਰਹੈ ਨਿਆਰਉ ਨਾਹਿ ਮਾਨ ਅਪਮਾਨਾ॥੧॥		Harakh Sog Thae Rehai Niaaro Naahi Maan Apamaanaa ||1||	Who remains unaffected by joy and sorrow, honor and dishonor;||1||	ਜੇਹੜਾ ਮਨੁੱਖ ਖ਼ੁਸ਼ੀ ਤੇ ਗ਼ਮੀ ਤੋਂ ਨਿਰਲੇਪ ਰਹਿੰਦਾ ਹੈ, ਜਿਸ ਨੂੰ ਨਾਹ ਆਦਰ ਪੋਹ ਸਕਦਾ ਹੈ ਨਾਹ ਨਿਰਾਦਰੀ (ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਿਵਾਸ ਹੋ ਜਾਂਦਾ ਹੈ) ॥੧॥
27622	633	ਆਸਾ ਮਨਸਾ ਸਗਲ ਤਿਆਗੈ ਜਗ ਤੇ ਰਹੈ ਨਿਰਾਸਾ॥		Aasaa Manasaa Sagal Thiaagai Jag Thae Rehai Niraasaa ||	Who renounces all hopes and desires and remains desireless in the world;	ਹੇ ਭਾਈ! ਜੇਹੜਾ ਮਨੁੱਖਾਂ ਆਸਾਂ ਉਮੈਦਾਂ ਸਭ ਤਿਆਗ ਦੇਂਦਾ ਹੈ, ਜਗਤ ਤੋਂ ਨਿਰਮੋਹ ਰਹਿੰਦਾ ਹੈ,
27623	633	ਕਾਮੁ ਕ੍ਰੋਧੁ ਜਿਹ ਪਰਸੈ ਨਾਹਨਿ ਤਿਹ ਘਟਿ ਬ੍ਰਹਮੁ ਨਿਵਾਸਾ॥੨॥		Kaam Krodhh Jih Parasai Naahan Thih Ghatt Breham Nivaasaa ||2||	Who is not touched by sexual desire or anger - within his heart, God dwells. ||2||	ਜਿਸ ਮਨੁੱਖ ਨੂੰ ਨਾਹ ਕਾਮ-ਵਾਸਨਾ ਛੋਹ ਸਕਦੀ ਹੈ ਨਾਹ ਕ੍ਰੋਧ ਛੋਹ ਸਕਦਾ ਹੈ, ਉਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਿਵਾਸ ਹੋ ਜਾਂਦਾ ਹੈ ॥੨॥
27624	633	ਗੁਰ ਕਿਰਪਾ ਜਿਹ ਨਰ ਕਉ ਕੀਨੀ ਤਿਹ ਇਹ ਜੁਗਤਿ ਪਛਾਨੀ॥		Gur Kirapaa Jih Nar Ko Keenee Thih Eih Jugath Pashhaanee ||	That man, blessed by Guru's Grace, understands this way.	(ਪਰ) ਜਿਸ ਮਨੁੱਖ ਉੱਤੇ ਗੁਰੂ ਨੇ ਮੇਹਰ ਕੀਤੀ ਉਸ ਨੇ (ਹੀ ਜੀਵਨ ਦੀ) ਇਹ ਜਾਚ ਸਮਝੀ ਹੈ।

27625	633	ਨਾਨਕ ਲੀਨ ਭਇਓ ਗੋਬਿੰਦ ਸਿਉ ਜਿਉ ਪਾਨੀ ਸੰਗਿ ਪਾਨੀ॥੩॥੧੧॥		Naanak Leen Bhaeiou Gobindh Sio Jio Paanee Sang Paanee ||3||11||	O Nanak, he merges with the Lord of the Universe, like water with water. ||3||11||	ਹੇ ਨਾਨਕ! (ਆਖ-) ਉਹ ਮਨੁੱਖ ਪਰਮਾਤਮਾ ਨਾਲ ਇਉਂ ਇਕ-ਮਿਕ ਹੋ ਜਾਂਦਾ ਹੈ, ਜਿਵੇਂ ਪਾਣੀ ਨਾਲ ਪਾਣੀ ਮਿਲ ਜਾਂਦਾ ਹੈ ॥੩॥੧੧॥
27626	634	ਸੋਰਠਿ ਮਹਲਾ ੯॥		Sorath Mehalaa 9 ||	Sorat'h, Ninth Mehl:	
27627	634	ਪ੍ਰੀਤਮ ਜਾਨਿ ਲੇਹੁ ਮਨ ਮਾਹੀ॥		Preetham Jaan Laehu Man Maahee ||	O dear friend, know this in your mind.	ਹੇ ਮਿੱਤਰ! (ਆਪਣੇ) ਮਨ ਵਿਚ (ਇਹ ਗੱਲ) ਪੱਕੀ ਕਰ ਕੇ ਸਮਝ ਲੈ,
27628	634	ਅਪਨੇ ਸੁਖ ਸਿਉ ਹੀ ਜਗੁ ਫਾਂਧਿਓ ਕੋ ਕਾਹੂ ਕੋ ਨਾਹੀ॥੧॥ਰਹਾਉ॥		Apanae Sukh Sio Hee Jag Faandhhiou Ko Kaahoo Ko Naahee ||1|| Rehaao ||	The world is entangled in its own pleasures; no one is for anyone else. ||1||Pause||	(ਕਿ) ਸਾਰਾ ਸੰਸਾਰ ਆਪਣੇ ਸੁਖ ਨਾਲ ਹੀ ਬੱਝਾ ਹੋਇਆ ਹੈ। ਕੋਈ ਭੀ ਕਿਸੇ ਦਾ (ਤੋੜ ਨਿਭਣ ਵਾਲਾ ਸਾਥੀ) ਨਹੀਂ (ਬਣਦਾ) ॥੧॥ ਰਹਾਉ ॥
27629	634	ਸੁਖ ਮੈ ਆਨਿ ਬਹੁਤੁ ਮਿਲਿ ਬੈਠਤ ਰਹਤ ਚਹੂ ਦਿਸਿ ਘੇਰੈ॥		Sukh Mai Aan Bahuth Mil Baithath Rehath Chehoo Dhis Ghaerai ||	In good times, many come and sit together, surrounding you on all four sides.	ਹੇ ਮਿੱਤਰ! (ਜਦੋਂ ਮਨੁੱਖ)! ਸੁਖ ਵਿਚ (ਹੁੰਦਾ ਹੈ, ਤਦੋਂ) ਕਈ ਯਾਰ ਦੋਸਤ ਮਿਲ ਕੇ (ਉਸ ਪਾਸ) ਬੈਠਦੇ ਹਨ, ਤੇ, (ਉਸ ਨੂੰ) ਚੌਹੀਂ ਪਾਸੀਂ ਘੇਰੀ ਰੱਖਦੇ ਹਨ।

27630	634	ਬਿਪਤਿ ਪਰੀ ਸਭ ਹੀ ਸੰਗੁ ਛਾਡਿਤ ਕੋਊ ਨ ਆਵਤ ਨੇਰੈ॥੧॥		Bipath Paree Sabh Hee Sang Shhaaddith Kooo N Aavath Naerai ||1||	But when hard times come, they all leave, and no one comes near you. ||1||	(ਪਰ ਜਦੋਂ ਉਸ ਨੂੰ ਕੋਈ) ਮੁਸੀਬਤ ਪੈਂਦੀ ਹੈ, ਸਾਰੇ ਹੀ ਸਾਥ ਛੱਡ ਜਾਂਦੇ ਹਨ, (ਫਿਰ) ਕੋਈ ਭੀ (ਉਸ ਦੇ) ਨੇੜੇ ਨਹੀਂ ਢੁਕਦਾ ॥੧॥
27631	634	ਘਰ ਕੀ ਨਾਰਿ ਬਹੁਤੁ ਹਿਤੁ ਜਾ ਸਿਉ ਸਦਾ ਰਹਤ ਸੰਗ ਲਾਗੀ॥		Ghar Kee Naar Bahuth Hith Jaa Sio Sadhaa Rehath Sang Laagee ||	Your wife, whom you love so much, and who has remained ever attached to you,	ਹੇ ਮਿੱਤਰ! ਘਰ ਦੀ ਇਸਤ੍ਰੀ (ਭੀ), ਜਿਸ ਨਾਲ ਬੜਾ ਪਿਆਰ ਹੁੰਦਾ ਹੈ, ਜੇਹੜੀ ਸਦਾ (ਖਸਮ ਦੇ) ਨਾਲ ਲੱਗੀ ਰਹਿੰਦੀ ਹੈ,
27632	634	ਜਬ ਹੀ ਹੰਸ ਤਜੀ ਇਹ ਕਾਂਇਆ ਪ੍ਰੇਤ ਪ੍ਰੇਤ ਕਰਿ ਭਾਗੀ॥੨॥		Jab Hee Hans Thajee Eih Kaaneiaa Praeth Praeth Kar Bhaagee ||2||	Runs away crying, ""Ghost! Ghost!"", as soon as the swan-soul leaves this body. ||2||	ਜਿਸ ਹੀ ਵੇਲੇ (ਪਤੀ ਦਾ) ਜੀਵਾਤਮਾ ਇਸ ਸਰੀਰ ਨੂੰ ਛੱਡ ਦੇਂਦਾ ਹੈ, (ਇਸਤ੍ਰੀ ਉਸ ਤੋਂ ਇਹ ਆਖ ਕੇ) ਪਰੇ ਹਟ ਜਾਂਦੀ ਹੈ ਕਿ ਇਹ ਮਰ ਚੁਕਾ ਹੈ ਮਰ ਚੁਕਾ ਹੈ ॥੨॥
27633	634	ਇਹ ਬਿਧਿ ਕੋ ਬਿਉਹਾਰੁ ਬਨਿਓ ਹੈ ਜਾ ਸਿਉ ਨੇਹੁ ਲਗਾਇਓ॥		Eih Bidhh Ko Biouhaar Baniou Hai Jaa Sio Naehu Lagaaeiou ||	This is the way they act - those whom we love so much.	(ਹੇ ਮਿੱਤਰ! ਦੁਨੀਆ ਦਾ) ਇਸ ਤਰ੍ਹਾਂ ਦਾ ਵਰਤਾਰਾ ਬਣਿਆ ਹੋਇਆ ਹੈ ਜਿਸ ਨਾਲ (ਮਨੁੱਖ ਨੇ) ਪਿਆਰ ਪਾਇਆ ਹੋਇਆ ਹੈ,

27634	634	ਅੰਤ ਬਾਰ ਨਾਨਕ ਬਿਨੁ ਹਰਿ ਜੀ ਕੋਊ ਕਾਮਿ ਨ ਆਇਓ॥੩॥੧੨॥੧੩੯॥		Anth Baar Naanak Bin Har Jee Kooo Kaam N Aaeiou ||3||12||139||	At the very last moment, O Nanak, no one is any use at all, except the Dear Lord. ||3||12||139||	ਪਰ, ਹੇ ਨਾਨਕ! (ਆਖ-) ਅਖ਼ੀਰਲੇ ਸਮੇ ਪਰਮਾਤਮਾ ਤੋਂ ਬਿਨਾ ਹੋਰ ਕੋਈ ਭੀ (ਮਨੁੱਖ ਦੀ) ਮਦਦ ਨਹੀਂ ਕਰ ਸਕਦਾ ॥੩॥੧੨॥੧੩੯॥
27635	634	ਸੋਰਠਿ ਮਹਲਾ ੧ ਘਰੁ ੧ ਅਸਟਪਦੀਆ ਚਉਤੁਕੀ	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ। ਚਉ-ਤੁਕੀ:ਪੋਲਾ ਬੋਲੋ	Sorath Mehalaa 1 Ghar 1 Asattapadheeaa Chouthukee	Sorat'h, First Mehl, First House, Ashtapadees, Chau-Tukas:	ਰਾਗ ਸੋਰਠਿ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਚਾਰ-ਤੁਕੀ ਬਾਣੀ।
27636	634	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
27637	634	ਦੁਬਿਧਾ ਨ ਪੜਉ ਹਰਿ ਬਿਨੁ ਹੋਰੁ ਨ ਪੂਜਉ ਮੜੈ ਮਸਾਣਿ ਨ ਜਾਈ॥	ਮੜੈ	Dhubidhhaa N Parro Har Bin Hor N Poojo Marrai Masaan N Jaaee ||	I am not torn by duality, because I do not worship any other than the Lord; I do not visit tombs or crematoriums.	ਮੈਂ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਭਾਲ ਵਿਚ ਨਹੀਂ ਪੈਂਦਾ, ਮੈਂ ਪ੍ਰਭੂ ਤੋਂ ਬਿਨਾ ਕਿਸੇ ਹੋਰ ਨੂੰ ਨਹੀਂ ਪੂਜਦਾ, ਮੈਂ ਕਿਤੇ ਸਮਾਧਾਂ ਤੇ ਮਸਾਣਾਂ ਵਿਚ ਭੀ ਨਹੀਂ ਜਾਂਦਾ।
27638	634	ਤ੍ਰਿਸਨਾ ਰਾਚਿ ਨ ਪਰ ਘਰਿ ਜਾਵਾ ਤ੍ਰਿਸਨਾ ਨਾਮਿ ਬੁਝਾਈ॥	ਬੁਝਾਈ:ਪੋਲਾ ਬੋਲੋ	Thrisanaa Raach N Par Ghar Jaavaa Thrisanaa Naam Bujhaaee ||	I do not enter the houses of strangers, engrossed in desire. The Naam, the Name of the Lord, has satisfied my desires.	ਮਾਇਆ ਦੀ ਤ੍ਰਿਸ਼ਨਾ ਵਿਚ ਫਸ ਕੇ ਮੈਂ (ਪਰਮਾਤਮਾ ਦੇ ਦਰ ਤੋਂ ਬਿਨਾ) ਕਿਸੇ ਹੋਰ ਘਰ ਵਿਚ ਨਹੀਂ ਜਾਂਦਾ, ਮੇਰੀ ਮਾਇਕ ਤ੍ਰਿਸ਼ਨਾ ਪਰਮਾਤਮਾ ਦੇ ਨਾਮ ਨੇ ਮਿਟਾ ਦਿੱਤੀ ਹੈ।

27639	634	ਘਰ ਭੀਤਰਿ ਘਰੁ ਗੁਰੂ ਦਿਖਾਇਆ ਸਹਜਿ ਰਤੇ ਮਨ ਭਾਈ॥	ਰੱਤੇ	Ghar Bheethar Ghar Guroo Dhikhaaeiaa Sehaj Rathae Man Bhaaee ||	Deep within my heart, the Guru has shown me the home of my being, and my mind is imbued with peace and poise, O Siblings of Destiny.	ਗੁਰੂ ਨੇ ਮੈਨੂੰ ਮੇਰੇ ਹਿਰਦੇ ਵਿਚ ਹੀ ਪਰਮਾਤਮਾ ਦਾ ਨਿਵਾਸ-ਅਸਥਾਨ ਵਿਖਾ ਦਿੱਤਾ ਹੈ, ਅਤੇ ਅਡੋਲ ਅਵਸਥਾ ਵਿਚ ਰੱਤੇ ਹੋਏ ਮੇਰੇ ਮਨ ਨੂੰ ਉਹ ਸਹਿਜ-ਅਵਸਥਾ ਚੰਗੀ ਲੱਗ ਰਹੀ ਹੈ।
27640	634	ਤੂ ਆਪੇ ਦਾਨਾ ਆਪੇ ਬੀਨਾ ਤੂ ਦੇਵਹਿ ਮਤਿ ਸਾਈ॥੧॥	(ਦਾਨਾ) ਜਾਣੀਜਾਣ। (ਬੀਨਾ) ਦੇਖਣ ਵਾਲੇ। ਸਾਈਂ	Thoo Aapae Dhaanaa Aapae Beenaa Thoo Dhaevehi Math Saaee ||1||	You Yourself are all-knowing, and You Yourself are all-seeing; You alone bestow intelligence, O Lord. ||1||	ਹੇ ਮੇਰੇ ਸਾਈਂ! (ਇਹ ਸਭ ਤੇਰੀ ਹੀ ਮੇਹਰ ਹੈ) ਤੂੰ ਆਪ ਹੀ (ਮੇਰੇ ਦਿਲ ਦੀ) ਜਾਣਨ-ਵਾਲਾ ਹੈਂ; ਆਪ ਹੀ ਪਛਾਣਨ ਵਾਲਾ ਹੈਂ, ਤੂੰ ਆਪ ਹੀ ਮੈਨੂੰ (ਚੰਗੀ) ਮਤਿ ਦੇਂਦਾ ਹੈਂ (ਜਿਸ ਕਰਕੇ ਤੇਰਾ ਦਰ ਛੱਡ ਕੇ ਹੋਰ ਪਾਸੇ ਨਹੀਂ ਭਟਕਦਾ) ॥੧॥
27641	634	ਮਨੁ ਬੈਰਾਗਿ ਰਤਉ ਬੈਰਾਗੀ ਸਬਦਿ ਮਨੁ ਬੇਧਿਆ ਮੇਰੀ ਮਾਈ॥	ਰੱਤਉ। ਬੇਧਿਆ ਕਸਕੇ	Man Bairaag Ratho Bairaagee Sabadh Man Baedhhiaa Maeree Maaee ||	My mind is detached, imbued with detachment; the Word of the Shabad has pierced my mind, O my mother.	ਹੇ ਮੇਰੀ ਮਾਂ! ਮੇਰਾ ਮਨ ਗੁਰੂ ਦੇ ਸ਼ਬਦ ਵਿਚ ਵਿੱਝ ਗਿਆ ਹੈ (ਪ੍ਰੋਤਾ ਗਿਆ ਹੈ। ਸ਼ਬਦ ਦੀ ਬਰਕਤਿ ਨਾਲ ਮੇਰੇ ਅੰਦਰ ਪਰਮਾਤਮਾ ਤੋਂ ਵਿਛੋੜੇ ਦਾ ਅਹਿਸਾਸ ਪੈਦਾ ਹੋ ਗਿਆ ਹੈ)। ਉਹੀ ਮਨੁੱਖ (ਅਸਲ) ਤਿਆਗੀ ਹੈ ਜਿਸ ਦਾ ਮਨ ਪਰਮਾਤਮਾ ਦੇ ਬਿਰਹੋਂ-ਰੰਗ ਵਿਚ ਰੰਗਿਆ ਗਿਆ ਹੈ।

27642	634	ਅੰਤਰਿ ਜੋਤਿ ਨਿਰੰਤਰਿ ਬਾਣੀ ਸਾਚੇ ਸਾਹਿਬ ਸਿਉ ਲਿਵ ਲਾਈ॥ਰਹਾਉ॥	(ਨਿਰੰਤਰਿ) ਇੱਕ ਰਸ	Anthar Joth Niranthar Baanee Saachae Saahib Sio Liv Laaee || Rehaao ||	God's Light shines continually within the nucleus of my deepest self; I am lovingly attached to the Bani, the Word of the True Lord Master. ||Pause||	ਉਸ (ਬੈਰਾਗੀ) ਦੇ ਅੰਦਰ ਪ੍ਰਭੂ ਦੀ ਜੋਤਿ ਜਗ ਪੈਂਦੀ ਹੈ, ਉਹ ਇਕ-ਰਸ ਸਿਫ਼ਤ-ਸਾਲਾਹ ਦੀ ਬਾਣੀ ਵਿਚ (ਮਸਤ ਰਹਿੰਦਾ ਹੈ), ਸਦਾ ਕਾਇਮ ਰਹਿਣ ਵਾਸਤੇ ਮਾਲਕ-ਪ੍ਰਭੂ (ਦੇ ਚਰਨਾਂ ਵਿਚ) ਉਸ ਦੀ ਸੁਰਤਿ ਜੁੜੀ ਰਹਿੰਦੀ ਹੈ ਰਹਾਉ॥
27643	634	ਅਸੰਖ ਬੈਰਾਗੀ ਕਹਹਿ ਬੈਰਾਗ ਸੋ ਬੈਰਾਗੀ ਜਿ ਖਸਮੈ ਭਾਵੈ॥		Asankh Bairaagee Kehehi Bairaag So Bairaagee J Khasamai Bhaavai ||	Countless detached renunciates talk of detachment and renunciation, but he alone is a true renunciate, who is pleasing to the Lord Master.	ਅਨੇਕਾਂ ਹੀ ਵੈਰਾਗੀ ਵੈਰਾਗ ਦੀਆਂ ਗੱਲਾਂ ਕਰਦੇ ਹਨ, ਪਰ ਅਸਲ ਵੈਰਾਗ ਉਹ ਹੈ ਜੋ (ਪਰਮਾਤਮਾ ਦੇ ਬਿਰਹੋਂ-ਰੰਗ ਵਿਚ ਇਤਨਾ ਰੰਗਿਆ ਹੋਇਆ ਹੈ ਕਿ ਉਹ) ਖਸਮ-ਪ੍ਰਭੂ ਨੂੰ ਪਿਆਰਾ ਲੱਗਦਾ ਹੈ,
27644	634	ਹਿਰਦੈ ਸਬਦਿ ਸਦਾ ਭੈ ਰਚਿਆ ਗੁਰ ਕੀ ਕਾਰ ਕਮਾਵੈ॥		Hiradhai Sabadh Sadhaa Bhai Rachiaa Gur Kee Kaar Kamaavai ||	The Word of the Shabad is ever in his heart; he is absorbed in the Fear of God, and he works to serve the Guru.	ਉਹ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਹਿਰਦੇ ਵਿਚ (ਪਰਮਾਤਮਾ ਦੀ ਯਾਦ ਨੂੰ ਵਸਾਂਦਾ ਹੈ ਤੇ) ਸਦਾ ਪਰਮਾਤਮਾ ਦੇ ਡਰ-ਅਦਬ ਵਿਚ ਮਸਤ (ਰਹਿ ਕੇ) ਗੁਰੂ ਦੀ ਦੱਸੀ ਹੋਈ ਕਾਰ ਕਰਦਾ ਹੈ।

27645	634	ਏਕੋ ਚੇਤੈ ਮਨੂਆ ਨ ਡੋਲੈ ਧਾਵਤੁ ਵਰਜਿ ਰਹਾਵੈ॥		Eaeko Chaethai Manooaa N Ddolai Dhhaavath Varaj Rehaavai ||	He remembers the One Lord, his mind does not waver, and he restrains its wanderings.	ਉਹ ਬੈਰਾਗੀ ਸਿਰਫ਼ ਪਰਮਾਤਮਾ ਨੂੰ ਚੇਤਦਾ ਹੈ (ਜਿਸ ਕਰਕੇ ਉਸ ਦਾ) ਮਨ (ਮਾਇਆ ਵਾਲੇ ਪਾਸੇ) ਨਹੀਂ ਡੋਲਦਾ, ਉਹ ਬੈਰਾਗੀ (ਮਾਇਆ ਵਲ) ਦੌੜਦੇ ਮਨ ਨੂੰ ਰੋਕ ਕੇ (ਪ੍ਰਭੂ-ਚਰਨਾਂ ਵਿਚ) ਜੋੜੀ ਰੱਖਦਾ ਹੈ।
27646	634	ਸਹਜੇ ਮਾਤਾ ਸਦਾ ਰੰਗਿ ਰਾਤਾ ਸਾਚੇ ਕੇ ਗੁਣ ਗਾਵੈ॥੨॥	ਮੱਤਾ। ਰੱਤਾ	Sehajae Maathaa Sadhaa Rang Raathaa Saachae Kae Gun Gaavai ||2||	He is intoxicated with celestial bliss, and is ever imbued with the Lord's Love; he sings the Glorious Praises of the True Lord. ||2||	ਅਡੋਲ ਅਵਸਥਾ ਵਿਚ ਮਸਤ ਉਹ ਬੈਰਾਗੀ ਸਦਾ (ਪ੍ਰਭੂ ਦੇ ਨਾਮ-) ਰੰਗ ਵਿਚ ਰੰਗਿਆ ਰਹਿੰਦਾ ਹੈ, ਤੇ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ ॥੨॥
27647	634	ਮਨੂਆ ਪਉਣੁ ਬਿੰਦੁ ਸੁਖਵਾਸੀ ਨਾਮਿ ਵਸੈ ਸੁਖ ਭਾਈ॥	(ਬਿੰਦੁ) ਪਲ ਭਰ। ਸੁਖਵਾਸੀ:ਪੋਲਾ ਬੋਲੋ	Manooaa Poun Bindh Sukhavaasee Naam Vasai Sukh Bhaaee ||	The mind is like the wind, but if it comes to rest in peace, even for an instant, then he shall abide in the peace of the Name, O Siblings of Destiny.	ਹੇ ਭਾਈ! (ਜਿਸ ਮਨੁੱਖ ਦਾ) ਚੰਚਲ ਮਨ ਰਤਾ ਭਰ ਭੀ ਆਤਮਕ ਆਨੰਦ ਵਿਚ ਨਿਵਾਸ ਦੇਣ ਵਾਲੇ ਨਾਮ ਵਿਚ ਵੱਸਦਾ ਹੈ (ਉਹ ਮਨੁੱਖ ਅਸਲ ਬੈਰਾਗੀ ਹੈ, ਤੇ ਉਹ ਬੈਰਾਗੀ) ਆਤਮਕ ਆਨੰਦ (ਮਾਣਦਾ ਹੈ)।

27648	634	ਜਿਹਬਾ ਨੇਤ੍ਰ ਸੋਤ੍ਰ ਸਚਿ ਰਾਤੇ ਜਲਿ ਬੂਝੀ ਤੁਝਹਿ ਬੁਝਾਈ॥	(ਜਲਿ) ਲਾਟ। ਬੂਝੀ ਬੁਝਾਈ:ਪੋਲੇ ਬੋਲੋ	Jihabaa Naethr Sothr Sach Raathae Jal Boojhee Thujhehi Bujhaaee ||	His tongue, eyes and ears are imbued with Truth; O Lord, You quench the fires of desire.	ਹੇ ਪ੍ਰਭੂ! ਤੂੰ ਆਪ (ਉਸ ਬੈਰਾਗੀ ਨੂੰ ਜੀਵਨ ਦੇ ਸਹੀ ਰਸਤੇ ਦੀ) ਸਮਝ ਦਿੱਤੀ ਹੈ, (ਜਿਸ ਦੀ ਬਰਕਤਿ ਨਾਲ ਉਸ ਦੀ ਤ੍ਰਿਸ਼ਨਾ-) ਅੱਗ ਬੁਝ ਗਈ ਹੈ, ਤੇ ਉਸ ਦੀ ਜੀਭ ਉਸ ਦੀਆਂ ਅੱਖਾਂ (ਆਦਿਕ) ਇੰਦ੍ਰੇ ਸਦਾ-ਥਿਰ (ਹਰਿ-ਨਾਮ) ਵਿਚ ਰੰਗੇ ਰਹਿੰਦੇ ਹਨ।
27649	634	ਆਸ ਨਿਰਾਸ ਰਹੈ ਬੈਰਾਗੀ ਨਿਜ ਘਰਿ ਤਾੜੀ ਲਾਈ॥		Aas Niraas Rehai Bairaagee Nij Ghar Thaarree Laaee ||	In hope, the renunciate remains free of hopes; in the home of his own inner self, he is absorbed in the trance of deep meditation.	ਉਹ ਬੈਰਾਗੀ ਦੁਨੀਆ ਦੀਆਂ ਆਸਾਂ ਤੋਂ ਨਿਰਮੋਹ ਹੋ ਕੇ ਜੀਵਨ ਬਿਤੀਤ ਕਰਦਾ ਹੈ, ਉਹ (ਦੁਨੀਆ ਵਾਲੇ ਘਰ-ਘਾਟ ਦੀ ਅਪਣੱਤ ਛੱਡ ਕੇ) ਉਸ ਘਰ ਵਿਚ ਸੁਰਤਿ ਜੋੜੀ ਰੱਖਦਾ ਹੈ ਜੋ ਸਚ ਮੁਚ ਉਸ ਦਾ ਆਪਣਾ ਹੀ ਰਹੇਗਾ।
27650	634	ਭਿਖਿਆ ਨਾਮਿ ਰਜੇ ਸੰਤੋਖੀ ਅੰਮ੍ਰਿਤੁ ਸਹਜਿ ਪੀਆਈ॥੩॥	ਭਿੱਖਿਆ। ਰੱਜੇ	Bhikhiaa Naam Rajae Santhokhee Anmrith Sehaj Peeaaee ||3||	He remains content, satisfied with the charity of the Naam; he drinks in the Ambrosial Amrit with ease. ||3||	ਅਜੇਹੇ ਬੈਰਾਗੀ (ਗੁਰੂ-ਦਰ ਤੋਂ ਮਿਲੀ) ਨਾਮ-ਭਿੱਛਿਆ ਨਾਲ ਰੱਜੇ ਰਹਿੰਦੇ ਹਨ, ਸੰਤੋਖੀ ਰਹਿੰਦੇ ਹਨ, (ਕਿਉਂਕਿ ਉਹਨਾਂ ਨੂੰ ਗੁਰੂ ਨੇ) ਅਡੋਲ ਆਤਮਕ ਅਵਸਥਾ ਵਿਚ ਟਿਕਾ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪਿਲਾ ਦਿੱਤਾ ਹੈ ॥੩॥

27651	634	ਦੁਬਿਧਾ ਵਿਚਿ ਬੈਰਾਗੁ ਨ ਹੋਵੀ ਜਬ ਲਗੁ ਦੂਜੀ ਰਾਈ॥		Dhubidhhaa Vich Bairaag N Hovee Jab Lag Dhoojee Raaee ||	There is no renunciation in duality, as long as there is even a particle of duality.	ਜਦ ਤਕ (ਮਨ ਵਿਚ) ਰਤਾ ਭਰ ਭੀ ਕੋਈ ਹੋਰ ਝਾਕ ਹੈ ਕਿਸੇ ਹੋਰ ਆਸਰੇ ਦੀ ਭਾਲ ਹੈ ਤਦ ਤਕ ਬਿਰਹੋਂ-ਅਵਸਥਾ ਪੈਦਾ ਨਹੀਂ ਹੋ ਸਕਦੀ।
27652	634	ਸਭੁ ਜਗੁ ਤੇਰਾ ਤੂ ਏਕੋ ਦਾਤਾ ਅਵਰੁ ਨ ਦੂਜਾ ਭਾਈ॥	ਜੱਗੁ	Sabh Jag Thaeraa Thoo Eaeko Dhaathaa Avar N Dhoojaa Bhaaee ||	The whole world is Yours, Lord; You alone are the Giver. There is not any other, O Siblings of Destiny.	(ਪਰ ਹੇ ਪ੍ਰਭੂ! ਇਹ ਬਿਰਹੋਂ ਦੀ) ਦਾਤ ਦੇਣ ਵਾਲਾ ਤੂੰ ਇਕ ਆਪ ਹੀ ਹੈਂ, ਤੈਥੋਂ ਬਿਨਾ ਕੋਈ ਹੋਰ (ਇਹ ਦਾਤਿ) ਦੇਣ ਵਾਲਾ ਨਹੀਂ ਹੈ, ਤੇ ਇਹ ਸਾਰਾ ਜਗਤ ਤੇਰਾ ਆਪਣਾ ਹੀ (ਰਚਿਆ ਹੋਇਆ) ਹੈ।
27653	634	ਮਨਮੁਖਿ ਜੰਤ ਦੁਖਿ ਸਦਾ ਨਿਵਾਸੀ ਗੁਰਮੁਖਿ ਦੇ ਵਡਿਆਈ॥		Manamukh Janth Dhukh Sadhaa Nivaasee Guramukh Dhae Vaddiaaee ||	The self-willed manmukh dwells in misery forever, while the Lord bestows greatness upon the Gurmukh.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਸਦਾ ਦੁੱਖ ਵਿਚ ਟਿਕੇ ਰਹਿੰਦੇ ਹਨ, ਜੇਹੜੇ ਬੰਦੇ ਗੁਰੂ ਦੀ ਸ਼ਰਨ ਪੈਂਦੇ ਹਨ, ਉਹਨਾਂ ਨੂੰ ਪ੍ਰਭੂ (ਨਾਮ ਦੀ ਦਾਤਿ ਦੇ ਕੇ) ਆਦਰ ਮਾਣ ਬਖ਼ਸ਼ਦਾ ਹੈ।
27654	634	ਅਪਰ ਅਪਾਰ ਅਗੰਮ ਅਗੋਚਰ ਕਹਣੈ ਕੀਮ ਨ ਪਾਈ॥੪॥		Apar Apaar Aganm Agochar Kehanai Keem N Paaee ||4||	God is infinite, endless, inaccessible and unfathomable; His worth cannot be described. ||4||	ਉਸ ਬੇਅੰਤ ਅਪਹੁੰਚ ਤੇ ਅਗੋਚਰ ਪ੍ਰਭੂ ਦੀ ਕੀਮਤ (ਜੀਵਾਂ ਦੇ) ਬਿਆਨ ਕਰਨ ਨਾਲ ਨਹੀਂ ਦੱਸੀ ਜਾ ਸਕਦੀ (ਉਸਦੇ ਬਰਾਬਰ ਦਾ ਹੋਰ ਕੋਈ ਦੱਸਿਆ ਨਹੀਂ ਜਾ ਸਕਦਾ) ॥੪॥

27655	634	ਸੁੰਨ ਸਮਾਧਿ ਮਹਾ ਪਰਮਾਰਥੁ ਤੀਨਿ ਭਵਣ ਪਤਿ ਨਾਮੰ॥		Sunn Samaadhh Mehaa Paramaarathh Theen Bhavan Path Naaman ||	The consciousness in deep Samaadhi, the Supreme Being, the Lord of the three worlds - these are Your Names, Lord.	ਪਰਮਾਤਮਾ ਇਕ ਐਸੀ ਆਤਮਕ ਅਵਸਥਾ ਦਾ ਮਾਲਕ ਹੈ ਕਿ ਉਸ ਉਤੇ ਮਾਇਆ ਦੇ ਫੁਰਨੇ ਜ਼ੋਰ ਨਹੀਂ ਪਾ ਸਕਦੇ, ਉਹ ਤਿੰਨਾਂ ਹੀ ਭਵਨਾਂ ਦਾ ਮਾਲਕ ਹੈ, ਉਸ ਦਾ ਨਾਮ ਜੀਵਾਂ ਵਾਸਤੇ ਮਹਾਨ ਉੱਚਾ ਸ੍ਰੇਸ਼ਟ ਧਨ ਹੈ।
27656	634	ਮਸਤਕਿ ਲੇਖੁ ਜੀਆ ਜਗਿ ਜੋਨੀ ਸਿਰਿ ਸਿਰਿ ਲੇਖੁ ਸਹਾਮੰ॥		Masathak Laekh Jeeaa Jag Jonee Sir Sir Laekh Sehaaman ||	The creatures born into this world have their destiny inscribed upon their foreheads; they experience according to their destinies.	ਜਗਤ ਵਿਚ ਜਿਤਨੇ ਭੀ ਜੀਵ ਜਨਮ ਲੈਂਦੇ ਹਨ ਉਹਨਾਂ ਦੇ ਮੱਥੇ ਉਤੇ (ਉਹਨਾਂ ਦੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਪਰਮਾਤਮਾ ਦੀ ਰਜ਼ਾ ਵਿਚ ਹੀ) ਲੇਖ (ਲਿਖਿਆ ਜਾਂਦਾ ਹੈ, ਹਰੇਕ ਜੀਵ ਨੂੰ) ਆਪੋ ਆਪਣੇ ਸਿਰ ਉਤੇ ਲਿਖਿਆ ਲੇਖ ਸਹਿਣਾ ਪੈਂਦਾ ਹੈ।
27657	634	ਕਰਮ ਸੁਕਰਮ ਕਰਾਏ ਆਪੇ ਆਪੇ ਭਗਤਿ ਦ੍ਰਿੜਾਮੰ॥		Karam Sukaram Karaaeae Aapae Aapae Bhagath Dhrirraaman ||	The Lord Himself causes them to do good and bad deeds; He Himself makes them steadfast in devotional worship.	ਪਰਮਾਤਮਾ ਆਪ ਹੀ (ਸਾਧਾਰਨ) ਕੰਮ ਤੇ ਚੰਗੇ ਕੰਮ (ਜੀਵਾਂ ਪਾਸੋਂ) ਕਰਾਂਦਾ ਹੈ, ਆਪ ਹੀ (ਜੀਵਾਂ ਦੇ ਹਿਰਦੇ ਵਿਚ ਆਪਣੀ) ਭਗਤੀ ਦ੍ਰਿੜ੍ਹ ਕਰਦਾ ਹੈ।

27658	634	ਮਨਿ ਮੁਖਿ ਜੂਠਿ ਲਹੈ ਭੈ ਮਾਨੰ ਆਪੇ ਗਿਆਨੁ ਅਗਾਮੰ॥੫॥		Man Mukh Jooth Lehai Bhai Maanan Aapae Giaan Agaaman ||5||	The filth of their mind and mouth is washed off when they live in the Fear of God; the inaccessible Lord Himself blesses them with spiritual wisdom. ||5||	ਅਪਹੁੰਚ ਪ੍ਰਭੂ ਆਪ ਹੀ (ਜੀਵਾਂ ਨੂੰ ਆਪਣੀ) ਡੂੰਘੀ ਸਾਂਝ ਬਖਸ਼ਦਾ ਹੈ। (ਸੱਚਾ ਵੈਰਾਗੀ) ਪਰਮਾਤਮਾ ਦੇ ਡਰ-ਅਦਬ ਵਿਚ ਗਿੱਝ ਜਾਂਦਾ ਹੈ, ਉਸ ਦੇ ਮਨ ਵਿਚ ਤੇ ਮੂੰਹ ਵਿਚ (ਪਹਿਲਾਂ ਜੋ ਭੀ ਵਿਕਾਰਾਂ ਦੀ ਨਿੰਦਾ ਆਦਿਕ ਦੀ) ਮੈਲ (ਹੁੰਦੀ ਹੈ ਉਹ) ਦੂਰ ਹੋ ਜਾਂਦੀ ਹੈ ॥੫॥
27659	635	ਜਿਨਿ ਚਾਖਿਆ ਸੇਈ ਸਾਦੁ ਜਾਣਨਿ ਜਿਉ ਗੁੰਗੇ ਮਿਠਿਆਈ॥		Jin Chaakhiaa Saeee Saadh Jaanan Jio Gungae Mithiaaee ||	Only those who taste it know its sweet taste, like the mute, who eats the candy, and only smiles.	ਜਿਨ੍ਹਾਂ ਮਨੁੱਖ ਨੇ (ਪਰਮਾਤਮਾ ਦੇ ਨਾਮ ਦਾ ਰਸ) ਚੱਖਿਆ ਹੈ, (ਉਸ ਦਾ) ਸੁਆਦ ਉਹੀ ਜਾਣਦੇ ਹਨ (ਦੱਸ ਨਹੀਂ ਸਕਦੇ), ਜਿਵੇਂ ਗੁੰਗੇ ਮਨੁੱਖ ਦੀ ਖਾਧੀ ਮਿਠਿਆਈ (ਦਾ ਸੁਆਦ ਗੁੰਗਾ ਆਪ ਹੀ ਜਾਣਦਾ ਹੈ, ਕਿਸੇ ਨੂੰ ਦੱਸ ਨਹੀਂ ਸਕਦਾ)।
27660	635	ਅਕਥੈ ਕਾ ਕਿਆ ਕਥੀਐ ਭਾਈ ਚਾਲਉ ਸਦਾ ਰਜਾਈ॥	ਅ-ਕਥੈ:ਪੋਲਾ ਬੋਲੋ	Akathhai Kaa Kiaa Kathheeai Bhaaee Chaalo Sadhaa Rajaaee ||	How can I describe the indescribable, O Siblings of Destiny? I shall follow His Will forever.	ਹੇ ਭਾਈ! ਨਾਮ-ਰਸ ਹੈ ਹੀ ਅਕੱਥ, ਬਿਆਨ ਕੀਤਾ ਹੀ ਨਹੀਂ ਜਾ ਸਕਦਾ। (ਮੈਂ ਤਾਂ ਸਦਾ ਇਹੀ ਤਾਂਘ ਰੱਖਦਾ ਹਾਂ ਕਿ) ਮੈਂ ਉਸ ਮਾਲਕ-ਪ੍ਰਭੂ ਦੀ ਰਜ਼ਾ ਵਿਚ ਤੁਰਾਂ।

27661	635	ਗੁਰੁ ਦਾਤਾ ਮੇਲੇ ਤਾ ਮਤਿ ਹੋਵੈ ਨਿਗੁਰੇ ਮਤਿ ਨ ਕਾਈ॥		Gur Dhaathaa Maelae Thaa Math Hovai Nigurae Math N Kaaee ||	If one meets with the Guru, the Generous Giver, then he understands; those who have no Guru cannot understand this.	(ਪਰ ਰਜ਼ਾ ਵਿਚ ਤੁਰਨ ਦੀ) ਸੂਝ ਭੀ ਤਦੋਂ ਹੀ ਆਉਂਦੀ ਹੈ ਜੇ ਗੁਰੂ ਉਸ ਦਾਤਾਰ-ਪ੍ਰਭੂ ਨਾਲ ਮਿਲਾ ਦੇਵੇ। ਜੇਹੜਾ ਬੰਦਾ ਗੁਰੂ ਦੀ ਸ਼ਰਨ ਨਹੀਂ ਪਿਆ, ਉਸ ਨੂੰ ਇਹ ਸਮਝ ਰਤਾ ਭੀ ਨਹੀਂ ਆਉਂਦੀ।
27662	635	ਜਿਉ ਚਲਾਏ ਤਿਉ ਚਾਲਹ ਭਾਈ ਹੋਰ ਕਿਆ ਕੋ ਕਰੇ ਚਤੁਰਾਈ॥੬॥		Jio Chalaaeae Thio Chaaleh Bhaaee Hor Kiaa Ko Karae Chathuraaee ||6||	As the Lord causes us to act, so do we act, O Siblings of Destiny. What other clever tricks can anyone try? ||6||	ਹੇ ਭਾਈ! ਕੋਈ ਆਦਮੀ ਆਪਣੀ ਸਿਆਣਪ ਦਾ ਮਾਣ ਨਹੀਂ ਕਰ ਸਕਦਾ, ਜਿਵੇਂ ਜਿਵੇਂ ਪਰਮਾਤਮਾ ਸਾਨੂੰ ਜੀਵਾਂ ਨੂੰ (ਜੀਵਨ-ਰਾਹ ਉਤੇ) ਤੋਰਦਾ ਹੈ ਤਿਵੇਂ ਤਿਵੇਂ ਹੀ ਅਸੀਂ ਤੁਰਦੇ ਹਾਂ ॥੬॥
27663	635	ਇਕਿ ਭਰਮਿ ਭੁਲਾਏ ਇਕਿ ਭਗਤੀ ਰਾਤੇ ਤੇਰਾ ਖੇਲੁ ਅਪਾਰਾ॥		Eik Bharam Bhulaaeae Eik Bhagathee Raathae Thaeraa Khael Apaaraa ||	Some are deluded by doubt, while others are imbued with devotional worship; Your play is infinite and endless.	ਹੇ ਅਪਾਰ ਪ੍ਰਭੂ! ਅਨੇਕਾਂ ਜੀਵ ਭਟਕਣਾ ਵਿਚ (ਪਾ ਕੇ) ਕੁਰਾਹੇ ਪਾਏ ਹੋਏ ਹਨ, ਅਨੇਕਾਂ ਜੀਵ ਤੇਰੀ ਭਗਤੀ (ਦੇ ਰੰਗ) ਵਿਚ ਰੰਗੇ ਹੋਏ ਹਨ-ਇਹ (ਸਭ) ਤੇਰਾ ਖੇਲ (ਰਚਿਆ ਹੋਇਆ) ਹੈ।
27664	635	ਜਿਤੁ ਤੁਧੁ ਲਾਏ ਤੇਹਾ ਫਲੁ ਪਾਇਆ ਤੂ ਹੁਕਮਿ ਚਲਾਵਣਹਾਰਾ॥		Jith Thudhh Laaeae Thaehaa Fal Paaeiaa Thoo Hukam Chalaavanehaaraa ||	As You engage them, they receive the fruits of their rewards; You alone are the One who issues Your Commands.	ਜਿਸ ਪਾਸੇ ਤੂੰ ਜੀਵਾਂ ਨੂੰ ਲਾਇਆ ਹੋਇਆ ਹੈ ਉਹੋ ਜਿਹਾ ਫਲ ਜੀਵ ਭੋਗ ਰਹੇ ਹਨ। ਤੂੰ (ਸਭ ਜੀਵਾਂ ਨੂੰ) ਆਪਣੇ ਹੁਕਮ ਵਿਚ ਚਲਾਣ ਦੇ ਸਮਰੱਥ ਹੈਂ।

27665	635	ਸੇਵਾ ਕਰੀ ਜੇ ਕਿਛੁ ਹੋਵੈ ਅਪਣਾ ਜੀਉ ਪਿੰਡੁ ਤੁਮਾਰਾ॥		Saevaa Karee Jae Kishh Hovai Apanaa Jeeo Pindd Thumaaraa ||	I would serve You, if anything were my own; my soul and body are Yours.	(ਮੇਰੇ ਪਾਸ) ਜੇ ਕੋਈ ਚੀਜ਼ ਮੇਰੀ ਆਪਣੀ ਹੋਵੇ ਤਾਂ (ਮੈਂ ਇਹ ਆਖਣ ਦਾ ਫ਼ਖਰ ਕਰ ਸਕਾਂ ਕਿ) ਮੈਂ ਤੇਰੀ ਸੇਵਾ ਕਰ ਰਿਹਾ ਹਾਂ, ਪਰ ਮੇਰੀ ਇਹ ਜਿੰਦ ਤੇਰੀ ਹੀ ਦਿੱਤੀ ਹੋਈ ਹੈ ਤੇ ਮੇਰਾ ਸਰੀਰ ਭੀ ਤੇਰਾ ਹੀ ਦਿੱਤਾ ਹੋਇਆ ਹੈ।
27666	635	ਸਤਿਗੁਰਿ ਮਿਲਿਐ ਕਿਰਪਾ ਕੀਨੀ ਅੰਮ੍ਰਿਤ ਨਾਮੁ ਅਧਾਰਾ॥੭॥		Sathigur Miliai Kirapaa Keenee Anmrith Naam Adhhaaraa ||7||	One who meets with the True Guru, by His Grace, takes the Support of the Ambrosial Naam. ||7||	ਜੇ ਗੁਰੂ ਮਿਲ ਪਏ ਤਾਂ ਉਹ ਕਿਰਪਾ ਕਰਦਾ ਹੈ ਤੇ ਆਤਮਕ ਜੀਵਨ ਦੇਣ ਵਾਲਾ ਤੇਰਾ ਨਾਮ ਮੈਨੂੰ (ਜ਼ਿੰਦਗੀ ਦਾ) ਆਸਰਾ ਦੇਂਦਾ ਹੈ ॥੭॥
27667	635	ਗਗਨੰਤਰਿ ਵਾਸਿਆ ਗੁਣ ਪਰਗਾਸਿਆ ਗੁਣ ਮਹਿ ਗਿਆਨ ਧਿਆਨੰ॥	(ਗਗਨੰਤਰਿ) ਅਕਾਸ਼ ਸਮਾਨ ਵਾਹਿਗੁਰੂ ਜੀ, ਉੱਚੇ ਆਤਮਕ ਮੰਡਲ	Gagananthar Vaasiaa Gun Paragaasiaa Gun Mehi Giaan Dhhiaanan ||	He dwells in the heavenly realms, and his virtues radiantly shine forth; meditation and spiritual wisdom are found in virtue.	ਜੇ ਮਨੁੱਖ ਸਦਾ ਉੱਚੇ ਆਤਮਕ ਮੰਡਲ ਵਿਚ ਵੱਸਦਾ ਹੈ (ਸੁਰਤਿ ਟਿਕਾਈ ਰੱਖਦਾ ਹੈ) ਉਸ ਦੇ ਅੰਦਰ ਆਤਮਕ ਗੁਣ ਪਰਗਟ ਹੁੰਦੇ ਹਨ, ਆਤਮਕ ਗੁਣਾਂ ਨਾਲ ਉਹ ਡੂੰਘੀ ਸਾਂਝ ਪਾਈ ਰੱਖਦਾ ਹੈ, ਆਤਮਕ ਗੁਣਾਂ ਵਿਚ ਹੀ ਉਸ ਦੀ ਸੁਰਤਿ ਜੁੜੀ ਰਹਿੰਦੀ ਹੈ (ਉਹੀ ਮਨੁੱਖ ਪੂਰਨ ਤਿਆਗੀ ਹੈ)।

27668	635	ਨਾਮੁ ਮਨਿ ਭਾਵੈ ਕਹੈ ਕਹਾਵੈ ਤਤੋ ਤਤੁ ਵਖਾਨੰ॥	(ਤਤੋ ਤਤੁ) ਵਾਹਿਗੁਰੂ ਹੀ ਵਾਹਿਗੁਰੂ ਜੀ	Naam Man Bhaavai Kehai Kehaavai Thatho Thath Vakhaanan ||	The Naam is pleasing to his mind; he speaks it, and causes others to speak it as well. He speaks the essential essence of wisdom.	ਉਸ ਦੇ ਮਨ ਨੂੰ ਪਰਮਾਤਮਾ ਦਾ ਨਾਮ ਪਿਆਰਾ ਲੱਗਦਾ ਹੈ, ਉਹ (ਆਪ ਨਾਮ) ਸਿਮਰਦਾ ਹੈ (ਹੋਰਨਾਂ ਨੂੰ ਸਿਮਰਨ ਲਈ) ਪ੍ਰੇਰਦਾ ਹੈ। ਉਹ ਸਦਾ ਜਗਤ-ਮੂਲ ਪ੍ਰਭੂ ਦੀ ਹੀ ਸਿਫ਼ਤ-ਸਾਲਾਹ ਕਰਦਾ ਹੈ।
27669	635	ਸਬਦੁ ਗੁਰ ਪੀਰਾ ਗਹਿਰ ਗੰਭੀਰਾ ਬਿਨੁ ਸਬਦੈ ਜਗੁ ਬਉਰਾਨੰ॥	ਜੱਗੁ	Sabadh Gur Peeraa Gehir Ganbheeraa Bin Sabadhai Jag Bouraanan ||	The Word of the Shabad is his Guru and spiritual teacher, profound and unfathomable; without the Shabad, the world is insane.	ਗੁਰੂ ਪੀਰ ਦੇ ਸ਼ਬਦ ਨੂੰ (ਹਿਰਦੇ ਵਿਚ ਟਿਕਾ ਕੇ) ਉਹ ਡੂੰਘੇ ਜਿਗਰੇ ਵਾਲਾ ਬਣ ਜਾਂਦਾ ਹੈ। ਪਰ ਗੁਰ-ਸ਼ਬਦ ਤੋਂ ਖੁੰਝ ਕੇ ਜਗਤ (ਮਾਇਆ ਦੇ ਮੋਹ ਵਿਚ) ਕਮਲਾ (ਹੋਇਆ ਫਿਰਦਾ) ਹੈ।
27670	635	ਪੂਰਾ ਬੈਰਾਗੀ ਸਹਜਿ ਸੁਭਾਗੀ ਸਚੁ ਨਾਨਕ ਮਨੁ ਮਾਨੰ॥੮॥੧॥		Pooraa Bairaagee Sehaj Subhaagee Sach Naanak Man Maanan ||8||1||	He is a perfect renunciate, naturally at ease, O Nanak, whose mind is pleased with the True Lord. ||8||1||	ਹੇ ਨਾਨਕ! ਉਹ ਪੂਰਨ ਤਿਆਗੀ ਮਨੁੱਖ ਅਡੋਲ ਆਤਮਕ ਅਵਸਥਾ ਵਿਚ ਟਿਕ ਕੇ ਚੰਗੇ ਭਾਗਾਂ ਵਾਲਾ ਬਣ ਜਾਂਦਾ ਹੈ, ਉਸ ਦਾ ਮਨ ਸਦਾ-ਥਿਰ ਰਹਿਣ ਵਾਲੇ ਪ੍ਰਭੂ (ਦੀ ਯਾਦ ਨੂੰ ਹੀ ਆਪਣਾ ਜੀਵਨ-ਨਿਸ਼ਾਨਾ) ਮੰਨਦਾ ਹੈ ॥੮॥੧॥
27671	635	ਸੋਰਠਿ ਮਹਲਾ ੧ ਤਿਤੁਕੀ॥	ਤਿ-ਤੁਕੀ:ਪੋਲਾ ਬੋਲੋ	Sorath Mehalaa 1 Thithukee ||	Sorat'h, First Mehl, Ti-Tukas:	

27672	635	ਆਸਾ ਮਨਸਾ ਬੰਧਨੀ ਭਾਈ ਕਰਮ ਧਰਮ ਬੰਧਕਾਰੀ॥	(ਬੰਧਕਾਰੀ) ਬੰਨ੍ਹਣ ਵਾਲੇ।	Aasaa Manasaa Bandhhanee Bhaaee Karam Dhharam Bandhhakaaree ||	Hope and desire are entrapments, O Siblings of Destiny. Religious rituals and ceremonies are traps.	ਹੇ ਭਾਈ! (ਤੀਰਥ ਵਰਤ ਆਦਿਕ ਧਾਰਮਿਕ ਕਰਮ ਕਰਦਿਆਂ ਭੀ ਮਾਇਆ ਵਾਲੀਆਂ ਆਸਾਂ ਤੇ ਫੁਰਨੇ ਟਿਕੇ ਹੀ ਰਹਿੰਦੇ ਹਨ, ਇਹ) ਆਸਾਂ ਤੇ ਇਹ ਫੁਰਨੇ ਮਾਇਆ ਦੇ ਮੋਹ ਵਿਚ ਬੰਨ੍ਹਣ ਵਾਲੇ ਹਨ, (ਇਹ ਰਸਮੀ) ਧਾਰਮਿਕ ਕਰਮ (ਸਗੋਂ) ਮਾਇਆ ਦੇ ਬੰਦਨ ਪੈਦਾ ਕਰਨ ਵਾਲੇ ਹਨ।
27673	635	ਪਾਪਿ ਪੁੰਨਿ ਜਗੁ ਜਾਇਆ ਭਾਈ ਬਿਨਸੈ ਨਾਮੁ ਵਿਸਾਰੀ॥		Paap Punn Jag Jaaeiaa Bhaaee Binasai Naam Visaaree ||	Because of good and bad deeds, one is born into the world, O Siblings of Destiny; forgetting the Naam, the Name of the Lord, he is ruined.	ਹੇ ਭਾਈ! (ਰਸਮੀ ਤੌਰ ਤੇ ਮੰਨੇ ਹੋਏ) ਪਾਪ ਅਤੇ ਪੁੰਨ ਦੇ ਕਾਰਨ ਜਗਤ ਜੰਮਦਾ ਹੈ (ਜਨਮ ਮਰਨ ਦੇ ਗੇੜ ਵਿਚ ਆਉਂਦਾ ਹੈ), ਪਰਮਾਤਮਾ ਦਾ ਨਾਮ ਭੁਲਾ ਕੇ ਆਤਮਕ ਮੌਤੇ ਮਰਦਾ ਹੈ।
27674	635	ਇਹ ਮਾਇਆ ਜਗਿ ਮੋਹਣੀ ਭਾਈ ਕਰਮ ਸਭੇ ਵੇਕਾਰੀ॥੧॥		Eih Maaeiaa Jag Mohanee Bhaaee Karam Sabhae Vaekaaree ||1||	This Maya is the enticer of the world, O Siblings of Destiny; all such actions are corrupt. ||1||	ਹੇ ਭਾਈ! ਇਹ ਮਾਇਆ ਜਗਤ ਵਿਚ (ਜੀਵਾਂ ਨੂੰ) ਮੋਹਣ ਦਾ ਕੰਮ ਕਰੀ ਜਾਂਦੀ ਹੈ, ਇਹ ਸਾਰੇ (ਧਾਰਮਿਕ ਮਿਥੇ ਹੋਏ) ਕਰਮ ਵਿਅਰਥ ਹੀ ਜਾਂਦੇ ਹਨ ॥੧॥
27675	635	ਸੁਣਿ ਪੰਡਿਤ ਕਰਮਾ ਕਾਰੀ॥	ਹੇ ਪੰਡਿਤ! ਕਰਮਾਂ ਨੂੰ (ਕਾਰੀ) ਕਰਨ ਵਾਲੇ	Sun Panddith Karamaa Kaaree ||	Listen, O ritualistic Pandit:	(ਤੀਰਥ ਵਰਤ ਆਦਿਕ ਧਾਰਮਿਕ ਮਿਥੇ ਹੋਏ) ਕੰਮਾਂ ਦੇ ਵਿਸ਼ਵਾਸੀ ਹੇ ਪੰਡਿਤ! ਸੁਣ (ਇਹ ਕਰਮ ਧਰਮ ਆਤਮਕ ਆਨੰਦ ਨਹੀਂ ਪੈਦਾ ਕਰ ਸਕਦੇ)।

27676	635	ਜਿਤੁ ਕਰਮਿ ਸੁਖੁ ਉਪਜੈ ਭਾਈ ਸੁ ਆਤਮ ਤਤੁ ਬੀਚਾਰੀ॥ਰਹਾਉ॥		Jith Karam Sukh Oopajai Bhaaee S Aatham Thath Beechaaree || Rehaao ||	That religious ritual which produces happiness, O Siblings of Destiny, is contemplation of the essence of the soul. ||Pause||	ਹੇ ਭਾਈ! ਜਿਸ ਕੰਮ ਦੀ ਰਾਹੀਂ ਆਤਮਕ ਆਨੰਦ ਪੈਦਾ ਹੁੰਦਾ ਹੈ ਉਹ (ਇਹ) ਹੈ ਕਿ ਆਤਮਕ ਜੀਵਨ ਦੇਣ ਵਾਲੇ ਜਗਤ-ਮੂਲ (ਦੇ ਗੁਣਾਂ) ਨੂੰ ਆਪਣੇ ਵਿਚਾਰ-ਮੰਡਲ ਵਿਚ (ਲਿਆਂਦਾ ਜਾਏ) ਰਹਾਉ॥
27677	635	ਸਾਸਤੁ ਬੇਦੁ ਬਕੈ ਖੜੋ ਭਾਈ ਕਰਮ ਕਰਹੁ ਸੰਸਾਰੀ॥	ਬਕੈ ਪੋਲਾ, ਖੜੋ	Saasath Baedh Bakai Kharro Bhaaee Karam Karahu Sansaaree ||	You may stand and recite the Shaastras and the Vedas, O Siblings of Destiny, but these are just worldly actions.	ਹੇ ਪੰਡਿਤ ਜੀ! ਤੁਸੀ (ਲੋਕਾਂ ਨੂੰ ਸੁਣਾਣ ਵਾਸਤੇ) ਵੇਦ ਸ਼ਾਸਤ੍ਰ (ਆਦਿਕ ਧਰਮ-ਪੁਸਤਕ) ਖੋਲ੍ਹ ਕੇ ਉਚਾਰਦੇ ਰਹਿੰਦੇ ਹੋ, ਪਰ ਆਪ ਉਹੀ ਕਰਮ ਕਰਦੇ ਹੋ ਜੋ ਮਾਇਆ ਦੇ ਮੋਹ ਵਿਚ ਫਸਾਈ ਰੱਖਣ।
27678	635	ਪਾਖੰਡਿ ਮੈਲੁ ਨ ਚੂਕਈ ਭਾਈ ਅੰਤਰਿ ਮੈਲੁ ਵਿਕਾਰੀ॥		Paakhandd Mail N Chookee Bhaaee Anthar Mail Vikaaree ||	Filth cannot be washed away by hypocrisy, O Siblings of Destiny; the filth of corruption and sin is within you.	ਹੇ ਪੰਡਿਤ! (ਇਸ) ਪਖੰਡ ਨਾਲ (ਮਨ ਦੀ) ਮੈਲ ਦੂਰ ਨਹੀਂ ਹੋ ਸਕਦੀ, ਵਿਕਾਰਾਂ ਦੀ ਮੈਲ ਮਨ ਦੇ ਅੰਦਰ ਟਿਕੀ ਹੀ ਰਹਿੰਦੀ ਹੈ।
27679	635	ਇਨ ਬਿਧਿ ਡੂਬੀ ਮਾਕੁਰੀ ਭਾਈ ਊਂਡੀ ਸਿਰ ਕੈ ਭਾਰੀ॥੨॥	(ਮਾਕੁਰੀ) ਮੱਕੜੀ। (ਊਂਡੀ) ਉਲਟੀ	Ein Bidhh Ddoobee Maakuree Bhaaee Oonaddee Sir Kai Bhaaree ||2||	This is how the spider is destroyed, O Siblings of Destiny, by falling head-long in its own web. ||2||	ਇਸ ਤਰ੍ਹਾਂ ਤਾਂ ਮੱਕੜੀ ਭੀ (ਆਪਣਾ ਜਾਲਾ ਆਪ ਤਣ ਕੇ ਉਸੇ ਜਾਲੇ ਵਿਚ) ਉਲਟੀ ਸਿਰ-ਭਾਰ ਹੋ ਕੇ ਮਰਦੀ ਹੈ ॥੨॥

27680	635	ਦੁਰਮਤਿ ਘਣੀ ਵਿਗੂਤੀ ਭਾਈ ਦੂਜੈ ਭਾਇ ਖੁਆਈ॥		Dhuramath Ghanee Vigoothee Bhaaee Dhoojai Bhaae Khuaaee ||	So many are destroyed by their own evil-mindedness, O Siblings of Destiny; in the love of duality, they are ruined.	ਹੇ ਭਾਈ! ਭੈੜੀ ਮਤਿ ਦੇ ਕਾਰਨ ਬੇਅੰਤ ਲੋਕਾਈ ਖ਼ੁਆਰ ਹੋ ਰਹੀ ਹੈ, ਪਰਮਾਤਮਾ ਨੂੰ ਵਿਸਾਰ ਕੇ ਹੋਰ ਦੇ ਮੋਹ ਵਿਚ ਖੁੰਝੀ ਹੋਈ ਹੈ।
27681	635	ਬਿਨੁ ਸਤਿਗੁਰ ਨਾਮੁ ਨ ਪਾਈਐ ਭਾਈ ਬਿਨੁ ਨਾਮੈ ਭਰਮੁ ਨ ਜਾਈ॥		Bin Sathigur Naam N Paaeeai Bhaaee Bin Naamai Bharam N Jaaee ||	Without the True Guru, the Name is not obtained, O Siblings of Destiny; without the Name, doubt does not depart.	ਪਰਮਾਤਮਾ ਦਾ ਨਾਮ ਗੁਰੂ ਤੋਂ ਬਿਨਾ ਨਹੀਂ ਮਿਲ ਸਕਦਾ, ਤੇ ਪ੍ਰਭੂ ਦੇ ਨਾਮ ਤੋਂ ਬਿਨਾ ਮਨ ਦੀ ਭਟਕਣਾ ਦੂਰ ਨਹੀਂ ਹੁੰਦੀ।
27682	635	ਸਤਿਗੁਰੁ ਸੇਵੇ ਤਾ ਸੁਖੁ ਪਾਏ ਭਾਈ ਆਵਣੁ ਜਾਣੁ ਰਹਾਈ॥੩॥		Sathigur Saevae Thaa Sukh Paaeae Bhaaee Aavan Jaan Rehaaee ||3||	If one serves the True Guru, then he obtains peace, O Siblings of Destiny; his comings and goings are ended. ||3||	ਜਦੋਂ ਮਨੁੱਖ ਗੁਰੂ ਦੀ (ਦੱਸੀ) ਸੇਵਾ ਕਰਦਾ ਹੈ ਤਦੋਂ ਆਤਮਕ ਆਨੰਦ ਪ੍ਰਾਪਤ ਕਰਦਾ ਹੈ, ਤੇ, ਆਪਣਾ ਜਨਮ ਮਰਨ ਦਾ ਗੇੜ ਮੁਕਾ ਲੈਂਦਾ ਹੈ ॥੩॥
27683	635	ਸਾਚੁ ਸਹਜੁ ਗੁਰ ਤੇ ਊਪਜੈ ਭਾਈ ਮਨੁ ਨਿਰਮਲੁ ਸਾਚਿ ਸਮਾਈ॥		Saach Sehaj Gur Thae Oopajai Bhaaee Man Niramal Saach Samaaee ||	True celestial peace comes from the Guru, O Siblings of Destiny; the immaculate mind is absorbed into the True Lord.	ਹੇ ਪੰਡਿਤ! ਗੁਰੂ ਦੀ ਸ਼ਰਨ ਪਿਆਂ ਸਦਾ-ਟਿਕਵੀਂ ਆਤਮਕ ਅਡੋਲਤਾ ਪੈਦਾ ਹੁੰਦੀ ਹੈ (ਇਸ ਤਰ੍ਹਾਂ) ਪਵਿਤ੍ਰ (ਹੋਇਆ) ਮਨ ਸਦਾ-ਥਿਰ ਪਰਮਾਤਮਾ ਵਿਚ ਲੀਨ ਰਹਿੰਦਾ ਹੈ।

27684	635	ਗੁਰੁ ਸੇਵੇ ਸੋ ਬੂਝੈ ਭਾਈ ਗੁਰ ਬਿਨੁ ਮਗੁ ਨ ਪਾਈ॥		Gur Saevae So Boojhai Bhaaee Gur Bin Mag N Paaee ||	One who serves the Guru, understands, O Siblings of Destiny; without the Guru, the way is not found.	(ਜੀਵਨ ਦਾ ਇਹ ਰਸਤਾ) ਉਹ ਮਨੁੱਖ ਸਮਝਦਾ ਹੈ ਜੋ ਗੁਰੂ ਦੀ (ਦੱਸੀ) ਸੇਵਾ ਕਰਦਾ ਹੈ, ਗੁਰੂ ਤੋਂ ਬਿਨਾ (ਇਹ) ਰਸਤਾ ਨਹੀਂ ਲੱਭਦਾ।
27685	635	ਜਿਸੁ ਅੰਤਰਿ ਲੋਭੁ ਕਿ ਕਰਮ ਕਮਾਵੈ ਭਾਈ ਕੂੜੁ ਬੋਲਿ ਬਿਖੁ ਖਾਈ॥੪॥		Jis Anthar Lobh K Karam Kamaavai Bhaaee Koorr Bol Bikh Khaaee ||4||	What can anyone do, with greed within? O Siblings of Destiny, by telling lies, they eat poison. ||4||	ਜਿਸ ਮਨੁੱਖ ਦੇ ਮਨ ਵਿਚ ਲੋਭ (ਦੀ ਲਹਿਰ) ਜ਼ੋਰ ਪਾ ਰਹੀ ਹੋਵੇ, ਇਹ ਰਸਮੀ ਧਾਰਮਿਕ ਕੰਮ ਕਰਨ ਦਾ ਉਸ ਨੂੰ ਕੋਈ (ਆਤਮਕ) ਲਾਭ ਨਹੀਂ ਹੋ ਸਕਦਾ।
27686	635	ਪੰਡਿਤ ਦਹੀ ਵਿਲੋਈਐ ਭਾਈ ਵਿਚਹੁ ਨਿਕਲੈ ਤਥੁ॥	ਦਹੀਂ। ਤੱਥੁ	Panddith Dhehee Viloeeai Bhaaee Vichahu Nikalai Thathh ||	O Pandit, by churning cream, butter is produced.	(ਮਾਇਆ ਦੀ ਖ਼ਾਤਰ) ਝੂਠ ਬੋਲ ਬੋਲ ਕੇ ਉਹ ਮਨੁੱਖ (ਆਤਮਕ ਮੌਤ ਲਿਆਉਣ ਵਾਲਾ ਇਹ ਝੂਠ-ਰੂਪ) ਜ਼ਹਿਰ ਖਾਂਦਾ ਰਹਿੰਦਾ ਹੈ ॥੪॥
27687	635	ਜਲੁ ਮਥੀਐ ਜਲੁ ਦੇਖੀਐ ਭਾਈ ਇਹੁ ਜਗੁ ਏਹਾ ਵਥੁ॥	ਮਥੀਐ ਪੋਲਾ। ਵੱਥੁ	Jal Mathheeai Jal Dhaekheeai Bhaaee Eihu Jag Eaehaa Vathh ||	By churning water, you shall only see water, O Siblings of Destiny; this world is like that.	ਹੇ ਪੰਡਿਤ! ਜੇ ਦਹੀਂ ਰਿੜਕੀਏ ਤਾਂ ਉਸ ਵਿਚੋਂ ਮੱਖਣ ਨਿਕਲਦਾ ਹੈ, ਪਰ ਜੇ ਪਾਣੀ ਰਿੜਕੀਏ, ਤਾਂ ਪਾਣੀ ਹੀ ਵੇਖਣ ਵਿਚ ਆਉਂਦਾ ਹੈ। ਇਹ (ਮਾਇਆ-ਮੋਹਿਆ) ਜਗਤ (ਪਾਣੀ ਰਿੜਕ ਰਿੜਕ ਕੇ) ਇਹ ਪਾਣੀ ਹੀ ਹਾਸਲ ਕਰਦਾ ਹੈ।

27688	635	ਗੁਰ ਬਿਨੁ ਭਰਮਿ ਵਿਗੂਚੀਐ ਭਾਈ ਘਟਿ ਘਟਿ ਦੇਉ ਅਲਖੁ॥੫॥	ਅ-ਲਖ:ਪੋਲਾ ਬੋਲੋ	Gur Bin Bharam Vigoocheeai Bhaaee Ghatt Ghatt Dhaeo Alakh ||5||	Without the Guru, he is ruined by doubt, O Siblings of Destiny; the unseen Divine Lord is in each and every heart. ||5||	ਹੇ ਭਾਈ! ਗੁਰੂ ਦੀ ਸ਼ਰਨ ਪੈਣ ਤੋਂ ਬਿਨਾ (ਮਾਇਆ ਦੀ) ਭਟਕਣਾ ਵਿਚ ਹੀ ਖ਼ੁਆਰ ਹੋਈਦਾ ਹੈ, ਘਟ ਘਟ ਵਿਚ ਵਿਆਪਕ ਅਲੱਖ ਪਰਮਾਤਮਾ ਤੋਂ ਖੁੰਝੇ ਰਹੀਦਾ ਹੈ ॥੫॥
27689	635	ਇਹੁ ਜਗੁ ਤਾਗੋ ਸੂਤ ਕੋ ਭਾਈ ਦਹ ਦਿਸ ਬਾਧੋ ਮਾਇ॥	ਤ੍ਰਾਗੋ। ਬਾਂਧੋ	Eihu Jag Thaago Sooth Ko Bhaaee Dheh Dhis Baadhho Maae ||	This world is like a thread of cotton, O Siblings of Destiny, which Maya has tied on all ten sides.	ਹੇ ਭਾਈ! ਇਹ ਜਗਤ ਸੂਤਰ ਦਾ ਧਾਗਾ (ਸਮਝ ਲਵੋ, ਜਿਵੇਂ ਧਾਗੇ ਨੂੰ ਗੰਢਾਂ ਪਈਆਂ ਹੋਈਆਂ ਹੋਣ, ਸੰਸਾਰਕ ਜੀਵਾਂ ਨੂੰ) ਮਾਇਆ ਦੇ ਮੋਹ ਦੀਆਂ ਦਸੀਂ ਪਾਸੀਂ ਗੰਢਾਂ ਪਈਆਂ ਹੋਈਆਂ ਹਨ (ਭਾਵ, ਮੋਹ ਵਿਚ ਫਸੇ ਜੀਵ ਦਸੀਂ ਪਾਸੀਂ ਖਿੱਚੇ ਜਾ ਰਹੇ ਹਨ)।
27690	635	ਬਿਨੁ ਗੁਰ ਗਾਠਿ ਨ ਛੂਟਈ ਭਾਈ ਥਾਕੇ ਕਰਮ ਕਮਾਇ॥		Bin Gur Gaath N Shhoottee Bhaaee Thhaakae Karam Kamaae ||	Without the Guru, the knots cannot be untied, O Siblings of Destiny; I am so tired of religious rituals.	(ਅਨੇਕਾਂ ਜੀਵ ਇਹ ਰਸਮੀ ਧਾਰਮਿਕ) ਕਰਮ ਕਰ ਕਰ ਕੇ ਹਾਰ ਗਏ, ਪਰ ਗੁਰੂ ਦੀ ਸ਼ਰਨ ਪੈਣ ਤੋਂ ਬਿਨਾ ਮੋਹ ਦੀ ਗੰਢ ਖੁਲ੍ਹਦੀ ਨਹੀਂ।
27691	635	ਇਹੁ ਜਗੁ ਭਰਮਿ ਭੁਲਾਇਆ ਭਾਈ ਕਹਣਾ ਕਿਛੂ ਨ ਜਾਇ॥੬॥		Eihu Jag Bharam Bhulaaeiaa Bhaaee Kehanaa Kishhoo N Jaae ||6||	This world is deluded by doubt, O Siblings of Destiny; no one can say anything about it. ||6||	ਹੇ ਭਾਈ! ਇਹ ਜਗਤ (ਰਸਮੀ ਧਾਰਮਿਕ ਕਰਮ ਕਰਦਾ ਹੋਇਆ ਭੀ ਮੋਹ ਦੀ) ਭਟਕਣਾ ਵਿਚ ਇਤਨਾ ਖੁੰਝਿਆ ਹੋਇਆ ਹੈ ਕਿ ਬਿਆਨ ਨਹੀਂ ਕੀਤਾ ਜਾ ਸਕਦਾ ॥੬॥

27692	635	ਗੁਰ ਮਿਲਿਐ ਭਉ ਮਨਿ ਵਸੈ ਭਾਈ ਕੈ ਮਰਣਾ ਸਚੁ ਲੇਖੁ॥		Gur Miliai Bho Man Vasai Bhaaee Bhai Maranaa Sach Laekh ||	Meeting with the Guru, the Fear of God comes to abide in the mind; to die in the Fear of God is one's true destiny.	ਹੇ ਪੰਡਿਤ! ਜੇ ਗੁਰੂ ਮਿਲ ਪਏ ਤਾਂ ਪਰਮਾਤਮਾ ਦਾ ਡਰ-ਅਦਬ ਮਨ ਵਿਚ ਵੱਸ ਪੈਂਦਾ ਹੈ। ਉਸ ਡਰ-ਅਦਬ ਵਿਚ ਰਹਿ ਕੇ (ਮਾਇਆ ਦੇ ਮੋਹ ਵਲੋਂ) ਮਰਨਾ (ਜੀਵ ਦੇ ਮਸਤਕ ਉਤੇ ਕੀਤੇ ਕਰਮਾਂ ਦਾ ਐਸਾ) ਲੇਖ (ਹੈ ਜੋ ਇਸ ਨੂੰ ਅਟੱਲ) (ਜੀਵਨ ਦੇਂਦਾ) ਹੈ।
27693	635	ਮਜਨੁ ਦਾਨੁ ਚੰਗਿਆਈਆ ਭਾਈ ਦਰਗਹ ਨਾਮੁ ਵਿਸੇਖੁ॥	(ਵਿਸੇਖੁ) ਵਿਸ਼ੇਸ਼। ਮੱਜਨੁ	Majan Dhaan Changiaaeeaa Bhaaee Dharageh Naam Visaekh ||	In the Court of the Lord, the Naam is far superior to ritualistic cleansing baths, charity and good deeds, O Siblings of Destiny.	ਹੇ ਭਾਈ! ਤੀਰਥ ਇਸ਼ਨਾਨ ਦਾਨ-ਪੁੰਨ ਤੇ ਹੋਰ ਚੰਗਿਆਈਆਂ ਪਰਮਾਤਮਾ ਦਾ ਨਾਮ ਹੀ ਹੈ, ਪਰਮਾਤਮਾ ਦੇ ਨਾਮ ਨੂੰ ਹੀ ਉਸ ਦੀ ਹਜ਼ੂਰੀ ਵਿਚ ਵਿਸ਼ੇਸ਼ਤਾ ਮਿਲਦੀ ਹੈ।
27694	636	ਗੁਰੁ ਅੰਕਸੁ ਜਿਨਿ ਨਾਮੁ ਦ੍ਰਿੜਾਇਆ ਭਾਈ ਮਨਿ ਵਸਿਆ ਚੂਕਾ ਭੇਖੁ॥੭॥		Gur Ankas Jin Naam Dhrirraaeiaa Bhaaee Man Vasiaa Chookaa Bhaekh ||7||	One who implants the Naam within himself, through the Guru's halter - O Siblings of Destiny, the Lord dwells in his mind, and he is free of hypocrisy. ||7||	(ਮਾਇਆ ਵਿਚ ਮਸਤ ਮਨ-ਹਾਥੀ ਨੂੰ ਸਿੱਧੇ ਰਸਤੇ ਤੋਰਨ ਵਾਸਤੇ) ਗੁਰੂ (ਦਾ ਸ਼ਬਦ) ਕੁੰਡਾ ਹੈ, ਗੁਰੂ ਨੇ ਹੀ ਪਰਮਾਤਮਾ ਦਾ ਨਾਮ ਮਨੁੱਖ ਨੂੰ ਦ੍ਰਿੜ੍ਹ ਕਰਾਇਆ ਹੈ। (ਗੁਰੂ ਦੀ ਮੇਹਰ ਨਾਲ ਜਦੋਂ ਨਾਮ) ਮਨ ਵਿਚ ਵੱਸਦਾ ਹੈ, ਤਾਂ ਧਾਰਮਿਕ ਵਿਖਾਵਾ ਮੁੱਕ ਜਾਂਦਾ ਹੈ ॥੭॥

27695	636	ਇਹੁ ਤਨੁ ਹਾਟੁ ਸਰਾਫ ਕੋ ਭਾਈ ਵਖਰੁ ਨਾਮੁ ਅਪਾਰੁ॥		Eihu Than Haatt Saraaf Ko Bhaaee Vakhar Naam Apaar ||	This body is the jeweller's shop, O Siblings of Destiny; the incomparable Naam is the merchandise.	ਹੇ ਭਾਈ! ਇਹ ਮਨੁੱਖਾ ਸਰੀਰ ਪਰਮਾਤਮਾ-ਸਰਾਫ਼ ਦਾ ਦਿੱਤਾ ਹੋਇਆ ਇਕ ਹੱਟ ਹੈ ਜਿਸ ਵਿਚ ਕਦੇ ਨਾਹ ਮੁਕਣ ਵਾਲਾ ਨਾਮ-ਸੌਦਾ ਕਰਨਾ ਹੈ।
27696	636	ਇਹੁ ਵਖਰੁ ਵਾਪਾਰੀ ਸੋ ਦ੍ਰਿੜੈ ਭਾਈ ਗੁਰ ਸਬਦਿ ਕਰੇ ਵੀਚਾਰੁ॥		Eihu Vakhar Vaapaaree So Dhrirrai Bhaaee Gur Sabadh Karae Veechaar ||	The merchant secures this merchandise, O Siblings of Destiny, by contemplating the Word of the Guru's Shabad.	ਉਹੀ ਜੀਵ-ਵਪਾਰੀ ਇਸ ਸੌਦੇ ਨੂੰ (ਆਪਣੇ ਸਰੀਰ-ਹੱਟ ਵਿਚ) ਦ੍ਰਿੜ੍ਹਤਾ ਨਾਲ ਵਣਜਦਾ ਹੈ ਜੇਹੜਾ ਗੁਰੂ ਦੇ ਸ਼ਬਦ ਵਿਚ ਵਿਚਾਰ ਕਰਦਾ ਹੈ।
27697	636	ਧਨੁ ਵਾਪਾਰੀ ਨਾਨਕਾ ਭਾਈ ਮੇਲਿ ਕਰੇ ਵਾਪਾਰੁ॥੮॥੨॥		Dhhan Vaapaaree Naanakaa Bhaaee Mael Karae Vaapaar ||8||2||	Blessed is the merchant, O Nanak, who meets the Guru, and engages in this trade. ||8||2||	ਹੇ ਨਾਨਕ! ਉਹ ਜੀਵ-ਵਪਾਰੀ ਭਾਗਾਂ ਵਾਲਾ ਹੈ ਜੋ ਸਾਧ ਸੰਗਤਿ ਵਿਚ (ਰਹਿ ਕੇ) ਇਹ ਵਪਾਰ ਕਰਦਾ ਹੈ ॥੮॥੨॥
27698	636	ਸੋਰਠਿ ਮਹਲਾ ੧॥		Sorath Mehalaa 1 ||	Sorat'h, First Mehl:	
27699	636	ਜਿਨ੍ਹੀ ਸਤਿਗੁਰੁ ਸੇਵਿਆ ਪਿਆਰੇ ਤਿਨ੍ ਕੇ ਸਾਥ ਤਰੇ॥		Jinhee Sathigur Saeviaa Piaarae Thinh Kae Saathh Tharae ||	Those who serve the True Guru, O Beloved, their companions are saved as well.	ਜਿਨ੍ਹਾਂ ਬੰਦਿਆਂ ਨੇ ਸਤਿਗੁਰੂ ਦਾ ਪੱਲਾ ਫੜਿਆ ਹੈ, ਹੇ ਸੱਜਣ! ਉਹਨਾਂ ਦੇ ਸੰਗੀ-ਸਾਥੀ ਭੀ ਪਾਰ ਲੰਘ ਜਾਂਦੇ ਹਨ।

27700	636	ਤਿਨ੍ਹਾ ਠਾਕ ਨ ਪਾਈਐ ਪਿਆਰੇ ਅੰਮ੍ਰਿਤ ਰਸਨ ਹਰੇ॥		Thinhaa Thaak N Paaeeai Piaarae Anmrith Rasan Harae ||	No one blocks their way, O Beloved, and the Lord's Ambrosial Nectar is on their tongue.	ਜਿਨ੍ਹਾਂ ਦੀ ਜੀਭ ਪਰਮਾਤਮਾ ਦਾ ਨਾਮ-ਅੰਮ੍ਰਿਤ ਚੱਖਦੀ ਹੈ ਉਹਨਾਂ ਦੇ (ਜੀਵਨ-ਸਫ਼ਰ ਵਿਚ ਵਿਕਾਰ ਆਦਿਕਾਂ ਦੀ) ਰੁਕਾਵਟ ਨਹੀਂ ਪੈਂਦੀ।
27701	636	ਬੂਡੇ ਭਾਰੇ ਭੈ ਬਿਨਾ ਪਿਆਰੇ ਤਾਰੇ ਨਦਰਿ ਕਰੇ॥੧॥		Booddae Bhaarae Bhai Binaa Piaarae Thaarae Nadhar Karae ||1||	Without the Fear of God, they are so heavy that they sink and drown, O Beloved; but the Lord, casting His Glance of Grace, carries them across. ||1||	ਹੇ ਸੱਜਣ! ਜੇਹੜੇ ਮਨੁੱਖ ਪਰਮਾਤਮਾ ਦੇ ਡਰ-ਅਦਬ ਤੋਂ ਸੱਖਣੇ ਰਹਿੰਦੇ ਹਨ ਉਹ ਵਿਕਾਰਾਂ ਦੇ ਭਾਰ ਨਾਲ ਲੱਦੇ ਜਾਂਦੇ ਹਨ ਤੇ ਸੰਸਾਰ-ਸਮੁੰਦਰ ਵਿਚ ਡੁੱਬ ਜਾਂਦੇ ਹਨ। ਪਰ ਜਦੋਂ ਪਰਮਾਤਮਾ ਮੇਹਰ ਦੀ ਨਿਗਾਹ ਕਰਦਾ ਹੈ ਤਾਂ ਉਹਨਾਂ ਨੂੰ ਭੀ ਪਾਰ ਲੰਘਾ ਲੈਂਦਾ ਹੈ ॥੧॥
27702	636	ਭੀ ਤੂਹੈ ਸਾਲਾਹਣਾ ਪਿਆਰੇ ਭੀ ਤੇਰੀ ਸਾਲਾਹ॥		Bhee Thoohai Saalaahanaa Piaarae Bhee Thaeree Saalaah ||	I ever praise You, O Beloved, I ever sing Your Praises.	ਹੇ ਸੱਜਣ-ਪ੍ਰਭੂ! ਸਦਾ ਤੈਨੂੰ ਹੀ ਸਾਲਾਹਣਾ ਚਾਹੀਦਾ ਹੈ, ਸਦਾ ਤੇਰੀ ਹੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ।

27703	636	ਵਿਣੁ ਬੋਹਿਥ ਭੈ ਡੁਬੀਐ ਪਿਆਰੇ ਕੰਧੀ ਪਾਇ ਕਹਾਹ॥੧॥ਰਹਾਉ॥	(ਕਹਾਹ) ਚੀਕ ਚਿਹਾੜਾ	Vin Bohithh Bhai Ddubeeai Piaarae Kandhhee Paae Kehaah ||1|| Rehaao ||	Without the boat, one is drowned in the sea of fear, O Beloved; how can I reach the distant shore? ||1||Pause||	(ਇਸ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘਣ ਵਾਸਤੇ ਤੇਰੀ ਸਿਫ਼ਤ-ਸਾਲਾਹ ਜੀਵਾਂ ਵਾਸਤੇ ਜਹਾਜ਼ ਹੈ, ਇਸ) ਜਹਾਜ਼ ਤੋਂ ਬਿਨਾ ਭਉ-ਸਾਗਰ ਵਿਚ ਡੁੱਬ ਜਾਈਦਾ ਹੈ। (ਕੋਈ ਭੀ ਜੀਵ ਸਮੁੰਦਰ ਦਾ) ਪਾਰਲਾ ਕੰਢਾ ਲੱਭ ਨਹੀਂ ਸਕਦਾ ॥੧॥ ਰਹਾਉ ॥
27704	636	ਸਾਲਾਹੀ ਸਾਲਾਹਣਾ ਪਿਆਰੇ ਦੂਜਾ ਅਵਰੁ ਨ ਕੋਇ॥		Saalaahee Saalaahanaa Piaarae Dhoojaa Avar N Koe ||	I praise the Praiseworthy Lord, O Beloved; there is no other one to praise.	ਹੇ ਸੱਜਣ! ਸਾਲਾਹਣ-ਜੋਗ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ, ਉਸ ਵਰਗਾ ਹੋਰ ਕੋਈ ਨਹੀਂ ਹੈ।
27705	636	ਮੇਰੇ ਪ੍ਰਭ ਸਾਲਾਹਨਿ ਸੇ ਭਲੇ ਪਿਆਰੇ ਸਬਦਿ ਰਤੇ ਰੰਗੁ ਹੋਇ॥	ਰੱਤੇ	Maerae Prabh Saalaahan Sae Bhalae Piaarae Sabadh Rathae Rang Hoe ||	Those who praise my God are good, O Beloved; they are imbued with the Word of the Shabad, and His Love.	ਜੇਹੜੇ ਬੰਦੇ ਪਿਆਰੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦੇ ਹਨ ਉਹ ਭਾਗਾਂ ਵਾਲੇ ਹਨ। ਗੁਰੂ ਦੇ ਸ਼ਬਦ ਵਿਚ ਡੂੰਘੀ ਲਗਨ ਰੱਖਣ ਵਾਲੇ ਬੰਦੇ ਨੂੰ ਪਰਮਾਤਮਾ ਦਾ ਪ੍ਰੇਮ-ਰੰਗ ਚੜ੍ਹਦਾ ਹੈ।
27706	636	ਤਿਸ ਕੀ ਸੰਗਤਿ ਜੇ ਮਿਲੈ ਪਿਆਰੇ ਰਸੁ ਲੈ ਤਤੁ ਵਿਲੋਇ॥੨॥	ਰਸੁ:ਪੋਲਾ ਬੋਲੋ।ਤੱਤੁ	This Kee Sangath Jae Milai Piaarae Ras Lai Thath Viloe ||2||	If I join them, O Beloved, I can churn the essence and so find joy. ||2||	ਅਜੇਹੇ ਬੰਦੇ ਦੀ ਸੰਗਤਿ ਜੇ (ਕਿਸੇ ਨੂੰ) ਪ੍ਰਾਪਤ ਹੋ ਜਾਏ ਤਾਂ ਉਹ ਹਰੀ-ਨਾਮ ਦਾ ਰਸ ਲੈਂਦਾ ਹੈ ਤੇ (ਨਾਮ-ਦੁੱਧ ਨੂੰ) ਰਿੜਕ ਕੇ ਉਹ ਜਗਤ ਮੂਲ-ਪ੍ਰਭੂ ਨੂੰ ਮਿਲ ਪੈਂਦਾ ਹੈ ॥੨॥

27707	636	ਪਤਿ ਪਰਵਾਨਾ ਸਾਚ ਕਾ ਪਿਆਰੇ ਨਾਮੁ ਸਚਾ ਨੀਸਾਣੁ॥	ਪਤਿ:ਪੋਲਾ ਬੋਲੋ	Path Paravaanaa Saach Kaa Piaarae Naam Sachaa Neesaan ||	The gateway to honor is Truth, O Beloved; it bears the Insignia of the True Name of the Lord.	ਹੇ ਭਾਈ! ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਨਾਮ ਪ੍ਰਭੂ-ਪਤੀ ਨੂੰ ਮਿਲਣ ਵਾਸਤੇ (ਇਸ ਜੀਵਨ-ਸਫ਼ਰ ਵਿਚ) ਰਾਹਦਾਰੀ ਹੈ, ਇਹ ਨਾਮ ਸਦਾ-ਥਿਰ ਰਹਿਣ ਵਾਲੀ ਮੋਹਰ ਹੈ।
27708	636	ਆਇਆ ਲਿਖਿ ਲੈ ਜਾਵਣਾ ਪਿਆਰੇ ਹੁਕਮੀ ਹੁਕਮੁ ਪਛਾਣੁ॥		Aaeiaa Likh Lai Jaavanaa Piaarae Hukamee Hukam Pashhaan ||	We come into the world, and we depart, with our destiny written and pre-ordained, O Beloved; realize the Command of the Commander.	(ਪ੍ਰਭੂ ਦਾ ਇਹੀ ਹੁਕਮ ਹੈ ਕਿ) ਜਗਤ ਵਿਚ ਜੋ ਭੀ ਆਇਆ ਹੈ ਉਸ ਨੇ (ਪ੍ਰਭੂ ਨੂੰ ਮਿਲਣ ਵਾਸਤੇ, ਇਹ ਨਾਮ-ਰੂਪ ਰਾਹਦਾਰੀ) ਲਿਖ ਕੇ ਆਪਣੇ ਨਾਲ ਲੈ ਜਾਣੀ ਹੈ।
27709	636	ਗੁਰ ਬਿਨੁ ਹੁਕਮੁ ਨ ਬੂਝੀਐ ਪਿਆਰੇ ਸਾਚੇ ਸਾਚਾ ਤਾਣੁ॥੩॥	ਬੂੱਝੀਐ	Gur Bin Hukam N Boojheeai Piaarae Saachae Saachaa Thaan ||3||	Without the Guru, this Command is not understood, O Beloved; True is the Power of the True Lord. ||3||	ਹੇ ਭਾਈ! ਪ੍ਰਭੂ ਦੇ ਇਸ ਹੁਕਮ ਨੂੰ ਸਮਝ (ਪਰ ਇਸ ਹੁਕਮ ਨੂੰ ਸਮਝਣ ਲਈ ਗੁਰੂ ਦੀ ਸ਼ਰਨ ਪੈਣਾ ਪਏਗਾ) ਗੁਰੂ ਤੋਂ ਬਿਨਾ ਪ੍ਰਭੂ ਦਾ ਹੁਕਮ ਸਮਝਿਆ ਨਹੀਂ ਜਾ ਸਕਦਾ। ਹੇ ਭਾਈ! (ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈ ਕੇ ਸਮਝ ਲੈਂਦਾ ਹੈ, ਵਿਕਾਰਾਂ ਦਾ ਟਾਕਰਾ ਕਰਨ ਲਈ ਉਸ ਨੂੰ) ਸਦਾ-ਥਿਰ ਪ੍ਰਭੂ ਦਾ ਸਦਾ-ਥਿਰ ਬਲ ਹਾਸਲ ਹੋ ਜਾਂਦਾ ਹੈ ॥੩॥

27710	636	ਹੁਕਮੈ ਅੰਦਰਿ ਨਿੰਮਿਆ ਪਿਆਰੇ ਹੁਕਮੈ ਉਦਰ ਮਝਾਰਿ॥	ਉਦ-ਰ	Hukamai Andhar Ninmiaa Piaarae Hukamai Oudhar Majhaar ||	By His Command, we are conceived, O Beloved, and by His Command, we grow in the womb.	ਹੇ ਭਾਈ! ਜੀਵ ਪਰਮਾਤਮਾ ਦੇ ਹੁਕਮ ਅਨੁਸਾਰ (ਪਹਿਲਾਂ) ਮਾਤਾ ਦੇ ਗਰਭ ਵਿਚ ਟਿਕਦਾ ਹੈ, ਤੇ ਮਾਂ ਦੇ ਪੇਟ ਵਿਚ (ਦਸ ਮਹੀਨੇ ਨਿਵਾਸ ਰੱਖਦਾ ਹੈ)।
27711	636	ਹੁਕਮੈ ਅੰਦਰਿ ਜੰਮਿਆ ਪਿਆਰੇ ਊਧਉ ਸਿਰ ਕੈ ਭਾਰਿ॥		Hukamai Andhar Janmiaa Piaarae Oodhho Sir Kai Bhaar ||	By His Command, we are born, O Beloved, head-first, and upside-down.	ਪੁੱਠਾ ਸਿਰ ਭਾਰ ਰਹਿ ਕੇ ਪ੍ਰਭੂ ਦੇ ਹੁਕਮ ਅਨੁਸਾਰ ਹੀ (ਫਿਰ) ਜਨਮ ਲੈਂਦਾ ਹੈ।
27712	636	ਗੁਰਮੁਖਿ ਦਰਗਹ ਜਾਣੀਐ ਪਿਆਰੇ ਚਲੈ ਕਾਰਜ ਸਾਰਿ॥੪॥		Guramukh Dharageh Jaaneeai Piaarae Chalai Kaaraj Saar ||4||	The Gurmukh is honored in the Court of the Lord, O Beloved; he departs after resolving his affairs. ||4||	(ਕਿਸੇ ਖ਼ਾਸ ਜੀਵਨ-ਮਨੋਰਥ ਵਾਸਤੇ ਜੀਵ ਜਗਤ ਵਿਚ ਆਉਂਦਾ ਹੈ) ਜੋ ਜੀਵ ਗੁਰੂ ਦੀ ਸ਼ਰਨ ਪੈ ਕੇ ਜੀਵਨ-ਮਨੋਰਥ ਨੂੰ ਸਵਾਰ ਕੇ ਇਥੋਂ ਜਾਂਦਾ ਹੈ ਉਹ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਪਾਂਦਾ ਹੈ ॥੪॥
27713	636	ਹੁਕਮੈ ਅੰਦਰਿ ਆਇਆ ਪਿਆਰੇ ਹੁਕਮੇ ਜਾਦੋ ਜਾਇ॥	ਜਾਂਦੋ	Hukamai Andhar Aaeiaa Piaarae Hukamae Jaadho Jaae ||	By His Command, one comes into the world, O Beloved, and by His Will, he goes.	ਹੇ ਸੱਜਣ! ਪਰਮਾਤਮਾ ਦੀ ਰਜ਼ਾ ਅਨੁਸਾਰ ਹੀ ਜੀਵ ਜਗਤ ਵਿਚ ਆਉਂਦਾ ਹੈ, ਰਜ਼ਾ ਅਨੁਸਾਰ ਹੀ ਇਥੋਂ ਚਲਾ ਜਾਂਦਾ ਹੈ।

27714	636	ਹੁਕਮੇ ਬੰਨ੍ਹਿ ਚਲਾਈਐ ਪਿਆਰੇ ਮਨਮੁਖਿ ਲਹੈ ਸਜਾਇ॥		Hukamae Bannih Chalaaeeai Piaarae Manamukh Lehai Sajaae ||	By His Will, some are bound and gagged and driven away, O Beloved; the self-willed manmukhs suffer their punishment.	ਜੇਹੜਾ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ (ਤੇ ਮਾਇਆ ਦੇ ਮੋਹ ਵਿਚ ਫਸ ਜਾਂਦਾ ਹੈ) ਉਸ ਨੂੰ ਪ੍ਰਭੂ ਦੀ ਰਜ਼ਾ ਅਨੁਸਾਰ ਹੀ ਬੰਨ੍ਹ ਕੇ (ਭਾਵ, ਜੋਰੋ ਜੋਰੀ) ਇਥੋਂ ਤੋਰਿਆ ਜਾਂਦਾ ਹੈ (ਕਿਉਂਕਿ ਮੋਹ ਦੇ ਕਾਰਨ ਉਹ ਇਸ ਮਾਇਆ ਨੂੰ ਛੱਡਣਾ ਨਹੀਂ ਚਾਹੁੰਦਾ)।
27715	636	ਹੁਕਮੇ ਸਬਦਿ ਪਛਾਣੀਐ ਪਿਆਰੇ ਦਰਗਹ ਪੈਧਾ ਜਾਇ॥੫॥		Hukamae Sabadh Pashhaaneeai Piaarae Dharageh Paidhhaa Jaae ||5||	By His Command, the Word of the Shabad, is realized, O Beloved, and one goes to the Court of the Lord robed in honor. ||5||	ਪਰਮਾਤਮਾ ਦੀ ਰਜ਼ਾ ਅਨੁਸਾਰ ਹੀ ਜਿਸ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਜਨਮ-ਮਨੋਰਥ ਨੂੰ) ਪਛਾਣ ਲਿਆ ਹੈ ਉਹ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਨਾਲ ਜਾਂਦਾ ਹੈ ॥੫॥
27716	636	ਹੁਕਮੇ ਗਣਤ ਗਣਾਈਐ ਪਿਆਰੇ ਹੁਕਮੇ ਹਉਮੈ ਦੋਇ॥	(ਦੋਇ) ਦ੍ਵੈਤ	Hukamae Ganath Ganaaeeai Piaarae Hukamae Houmai Dhoe ||	By His Command, some accounts are accounted for, O Beloved; by His Command, some suffer in egotism and duality.	ਹੇ ਭਾਈ! ਪਰਮਾਤਮਾ ਦੀ ਰਜ਼ਾ ਅਨੁਸਾਰ ਹੀ (ਕਿਤੇ) ਮਾਇਆ ਦੀ ਸੋਚ ਸੋਚੀ ਜਾ ਰਹੀ ਹੈ, ਪ੍ਰਭੂ ਦੀ ਰਜ਼ਾ ਵਿਚ ਹੀ ਕਿਤੇ ਹਉਮੈ ਹੈ ਕਿਤੇ ਦ੍ਵੈਤ ਹੈ।

27717	636	ਹੁਕਮੇ ਭਵੈ ਭਵਾਈਐ ਪਿਆਰੇ ਅਵਗਣਿ ਮੁਠੀ ਰੋਇ॥	ਮੁੱਠੀ	Hukamae Bhavai Bhavaaeeai Piaarae Avagan Muthee Roe ||	By His Command, one wanders in reincarnation, O Beloved; deceived by sins and demerits, he cries out in his suffering.	ਪ੍ਰਭੂ ਦੀ ਰਜ਼ਾ ਅਨੁਸਾਰ ਹੀ (ਕਿਤੇ ਕੋਈ ਮਾਇਆ ਦੀ ਖ਼ਾਤਰ) ਭਟਕ ਰਿਹਾ ਹੈ, (ਕਿਤੇ ਕੋਈ) ਜਨਮ ਮਰਨ ਦੇ ਗੇੜ ਵਿਚ ਪਾਇਆ ਜਾ ਰਿਹਾ ਹੈ, ਕਿਤੇ ਪਾਪ ਦੀ ਠੱਗੀ ਹੋਈ ਲੋਕਾਈ (ਆਪਣੇ ਦੁੱਖ) ਰੋ ਰਹੀ ਹੈ।
27718	636	ਹੁਕਮੁ ਸਿਞਾਪੈ ਸਾਹ ਕਾ ਪਿਆਰੇ ਸਚੁ ਮਿਲੈ ਵਡਿਆਈ ਹੋਇ॥੬॥		Hukam Sinjaapai Saah Kaa Piaarae Sach Milai Vaddiaaee Hoe ||6||	If he comes to realize the Command of the Lord's Will, O Beloved, then he is blessed with Truth and Honor. ||6||	ਜਿਸ ਮਨੁੱਖ ਨੂੰ ਸ਼ਾਹ-ਪ੍ਰਭੂ ਦੀ ਰਜ਼ਾ ਦੀ ਸਮਝ ਆ ਜਾਂਦੀ ਹੈ, ਉਸ ਨੂੰ ਸਦਾ-ਥਿਰ ਰਹਿਣ ਵਾਲਾ ਪ੍ਰਭੂ ਮਿਲ ਪੈਂਦਾ ਹੈ, ਉਸ ਦੀ (ਲੋਕ ਪਰਲੋਕ ਵਿਚ) ਵਡਿਆਈ ਹੁੰਦੀ ਹੈ ॥੬॥
27719	636	ਆਖਣਿ ਅਉਖਾ ਆਖੀਐ ਪਿਆਰੇ ਕਿਉ ਸੁਣੀਐ ਸਚੁ ਨਾਉ॥		Aakhan Aoukhaa Aakheeai Piaarae Kio Suneeai Sach Naao ||	It is so difficult to speak it, O Beloved; how can we speak, and hear, the True Name?	ਹੇ ਭਾਈ! (ਜਗਤ ਵਿਚ ਮਾਇਆ ਦਾ ਪ੍ਰਭਾਵ ਇਤਨਾ ਹੈ ਕਿ) ਪਰਮਾਤਮਾ ਦਾ ਸਦਾ-ਥਿਰ ਰਹਿਣ ਵਾਲਾ ਨਾਮ ਸਿਮਰਨਾ ਬੜਾ ਕਠਨ ਹੋ ਰਿਹਾ ਹੈ, ਨਾਹ ਹੀ ਪ੍ਰਭੂ-ਨਾਮ ਸੁਣਿਆ ਜਾ ਰਿਹਾ ਹੈ (ਮਾਇਆ ਦੇ ਪ੍ਰਭਾਵ ਹੇਠ ਜੀਵ ਨਾਮ ਨਹੀਂ ਸਿਮਰਦੇ, ਨਾਮ ਨਹੀਂ ਸੁਣਦੇ)।

27720	636	ਜਿਨ੍ਹੀ ਸੋ ਸਾਲਾਹਿਆ ਪਿਆਰੇ ਹਉ ਤਿਨ੍ ਬਲਿਹਾਰੈ ਜਾਉ॥		Jinhee So Saalaahiaa Piaarae Ho Thinh Balihaarai Jaao ||	I am a sacrifice to those who praise the Lord, O Beloved.	ਹੇ ਭਾਈ! ਮੈਂ ਉਹਨਾਂ ਬੰਦਿਆਂ ਤੋਂ ਕੁਰਬਾਨ ਜਾਂਦਾ ਹਾਂ ਜਿਨ੍ਹਾਂ ਨੇ ਪ੍ਰਭੂ ਦੀ ਸਿਫ਼ਤ-ਸਾਲਾਹ ਕੀਤੀ ਹੈ।
27721	636	ਨਾਉ ਮਿਲੈ ਸੰਤੋਖੀਆਂ ਪਿਆਰੇ ਨਦਰੀ ਮੇਲਿ ਮਿਲਾਉ॥੭॥		Naao Milai Santhokheeaaan Piaarae Nadharee Mael Milaao ||7||	I have obtained the Name, and I am satisfied, O Beloved; by His Grace, I am united in His Union. ||7||	(ਮੇਰੀ ਇਹੀ ਅਰਦਾਸ ਹੈ ਕਿ ਉਹਨਾਂ ਦੀ ਸੰਗਤਿ ਵਿਚ) ਮੈਨੂੰ ਭੀ ਨਾਮ ਮਿਲੇ ਤੇ ਮੇਰਾ ਜੀਵਨ ਸੰਤੋਖੀ ਹੋ ਜਾਏ, ਮੇਹਰ ਦੀ ਨਜ਼ਰ ਵਾਲੇ ਪ੍ਰਭੂ ਦੇ ਚਰਨਾਂ ਵਿਚ ਮੈਂ ਜੁੜਿਆ ਰਹਾਂ ॥੭॥
27722	636	ਕਾਇਆ ਕਾਗਦੁ ਜੇ ਥੀਐ ਪਿਆਰੇ ਮਨੁ ਮਸਵਾਣੀ ਧਾਰਿ॥	ਸਿਆਹੀ ਦੀ (ਮੱਸਵਾਣੀ) ਦਵਾਤ	Kaaeiaa Kaagadh Jae Thheeai Piaarae Man Masavaanee Dhhaar ||	If my body were to become the paper, O Beloved, and my mind the inkpot;	ਹੇ ਭਾਈ! ਜੇ ਸਾਡਾ ਸਰੀਰ ਕਾਗ਼ਜ਼ ਬਣ ਜਾਏ, ਜੇ ਮਨ ਨੂੰ ਸਿਆਹੀ ਦੀ ਦਵਾਤ ਬਣਾ ਲਈਏ,
27723	636	ਲਲਤਾ ਲੇਖਣਿ ਸਚ ਕੀ ਪਿਆਰੇ ਹਰਿ ਗੁਣ ਲਿਖਹੁ ਵੀਚਾਰਿ॥	(ਲਲਤਾ) ਜੀਭ। (ਲੇਖਣਿ) ਕਲਮ	Lalathaa Laekhan Sach Kee Piaarae Har Gun Likhahu Veechaar ||	And if my tongue became the pen, O Beloved, I would write, and contemplate, the Glorious Praises of the True Lord.	ਜੇ ਸਾਡੀ ਜੀਭ ਪ੍ਰਭੂ ਦੀ ਸਿਫ਼ਤ-ਸਾਲਾਹ ਲਿਖਣ ਲਈ ਕਲਮ ਬਣ ਜਾਏ, ਤਾਂ, ਹੇ ਭਾਈ! (ਸੁਭਾਗਤਾ ਇਸੇ ਗੱਲ ਵਿਚ ਹੈ ਕਿ) ਪਰਮਾਤਮਾ ਦੇ ਗੁਣਾਂ ਨੂੰ ਆਪਣੇ ਸੋਚ-ਮੰਦਰ ਵਿਚ ਲਿਆ ਕੇ (ਆਪਣੇ ਅੰਦਰ) ਉੱਕਰਦੇ ਚੱਲੋ।

27724	636	ਧਨੁ ਲੇਖਾਰੀ ਨਾਨਕਾ ਪਿਆਰੇ ਸਾਚੁ ਲਿਖੈ ਉਰਿ ਧਾਰਿ॥੮॥੩॥		Dhhan Laekhaaree Naanakaa Piaarae Saach Likhai Our Dhhaar ||8||3||	Blessed is that scribe, O Nanak, who writes the True Name, and enshrines it within his heart. ||8||3||	ਹੇ ਨਾਨਕ! ਉਹ ਲਿਖਾਰੀ ਭਾਗਾਂ ਵਾਲਾ ਹੈ ਜੋ ਸਦਾ-ਥਿਰ ਵਾਲੇ ਪ੍ਰਭੂ ਦੇ ਨਾਮ ਨੂੰ ਹਿਰਦੇ ਵਿਚ ਟਿਕਾ ਕੇ (ਆਪਣੇ ਅੰਦਰ) ਉੱਕਰ ਲੈਂਦਾ ਹੈ ॥੮॥੩॥
27725	636	ਸੋਰਠਿ ਮਹਲਾ ੧ ਪਹਿਲਾ ਦੁਤੁਕੀ॥	ਮਹਲਾ ੧ ਪਹਿਲਾ ਨੂੰ ਮਹੱਲਾ ਪਹਿਲਾ ਪਹਿਲਾ ਪੜ੍ਹੋ। ਦੁ-ਤੁਕੀ ਪੋਲਾ	Sorath Mehalaa 1 Pehilaa Dhuthukee ||	Sorat'h, First Mehl, Du-Tukas:	
27726	636	ਤੂ ਗੁਣਦਾਤੌ ਨਿਰਮਲੋ ਭਾਈ ਨਿਰਮਲੁ ਨਾ ਮਨੁ ਹੋਇ॥	(ਨਾ) ਨਾਮ	Thoo Gunadhaatha Niramalo Bhaaee Niramal Naa Man Hoe ||	You are the Giver of virtue, O Immaculate Lord, but my mind is not immaculate, O Siblings of Destiny.	ਹੇ ਪ੍ਰਭੂ! ਤੂੰ (ਜੀਵਾਂ ਨੂੰ ਆਪਣੇ) ਗੁਣਾਂ ਦੀ ਦਾਤਿ ਦੇਣ ਵਾਲਾ ਹੈਂ, ਤੂੰ ਪਵਿਤ੍ਰ-ਸਰੂਪ ਹੈਂ। (ਪਰ ਵਿਕਾਰਾਂ ਦੇ ਕਾਰਨ) ਸਾਡਾ ਜੀਵਾਂ ਦਾ ਮਨ ਪਵਿਤ੍ਰ ਨਹੀਂ ਹੈ।
27727	636	ਹਮ ਅਪਰਾਧੀ ਨਿਰਗੁਣੇ ਭਾਈ ਤੁਝ ਹੀ ਤੇ ਗੁਣੁ ਸੋਇ॥੧॥		Ham Aparaadhhee Niragunae Bhaaee Thujh Hee Thae Gun Soe ||1||	I am a worthless sinner, O Siblings of Destiny; virtue is obtained from You alone, Lord. ||1||	ਅਸੀਂ ਪਾਪੀ ਹਾਂ, ਗੁਣ-ਹੀਣ ਹਾਂ। ਹੇ ਪ੍ਰਭੂ! (ਪਵਿਤ੍ਰਤਾ ਦਾ) ਉਹ ਗੁਣ ਤੇਰੇ ਪਾਸੋਂ ਹੀ ਮਿਲ ਸਕਦਾ ਹੈ ॥੧॥
27728	636	ਮੇਰੇ ਪ੍ਰੀਤਮਾ ਤੂ ਕਰਤਾ ਕਰਿ ਵੇਖੁ॥		Maerae Preethamaa Thoo Karathaa Kar Vaekh ||	O my Beloved Creator Lord, You create, and You behold.	ਹੇ ਮੇਰੇ ਪ੍ਰੀਤਮ ਪ੍ਰਭੂ! ਤੂੰ ਮੇਰਾ ਕਰਤਾਰ ਹੈਂ, ਮੈਨੂੰ ਪੈਦਾ ਕਰ ਕੇ (ਹੁਣ ਤੂੰ ਹੀ) ਮੇਰੀ ਸੰਭਾਲ ਕਰ (ਤੇ ਮੈਨੂੰ ਵਿਕਾਰਾਂ ਤੋਂ ਬਚਾ)।

27729	636	ਹਉ ਪਾਪੀ ਪਾਖੰਡੀਆ ਭਾਈ ਮਨਿ ਤਨਿ ਨਾਮ ਵਿਸੇਖੁ॥ਰਹਾਉ॥	(ਵਿਸੇਖੁ) ਵਿਸ਼ੇਸ਼	Ho Paapee Paakhanddeeaa Bhaaee Man Than Naam Visaekh || Rehaao ||	I am a hypocritical sinner, O Siblings of Destiny. Bless my mind and body with Your Name, O Lord. ||Pause||	ਮੈਂ ਪਾਪੀ ਹਾਂ, ਪਖੰਡੀ ਹਾਂ। ਹੇ ਪਿਆਰੇ! ਮੇਰੇ ਮਨ ਵਿਚ ਮੇਰੇ ਤਨ ਵਿਚ ਆਪਣੇ ਨਾਮ ਦੀ ਮਹੱਤਤਾ (ਪੈਦਾ ਕਰ) ਰਹਾਉ॥
27730	637	ਬਿਖੁ ਮਾਇਆ ਚਿਤੁ ਮੋਹਿਆ ਭਾਈ ਚਤੁਰਾਈ ਪਤਿ ਖੋਇ॥	ਪਤਿ:ਪੋਲਾ ਬੋਲੋ	Bikh Maaeiaa Chith Mohiaa Bhaaee Chathuraaee Path Khoe ||	The poisonous Maya has enticed the consciousness, O Siblings of Destiny; through clever tricks, one loses his honor.	ਹੇ ਪ੍ਰਭੂ! (ਜੀਵ ਦਾ) ਚਿੱਤ ਆਤਮਕ ਮੌਤ ਲਿਆਉਣ ਵਾਲੀ ਮਾਇਆ ਵਿਚ ਮੋਹਿਆ ਰਹਿੰਦਾ ਹੈ (ਮਾਇਆ ਰੁਚੀ ਵਾਲੀ) ਸਿਆਣਪ ਨਾਲ ਆਪਣੀ ਇੱਜ਼ਤ ਗਵਾ ਲੈਂਦਾ ਹੈ।
27731	637	ਚਿਤ ਮਹਿ ਠਾਕੁਰੁ ਸਚਿ ਵਸੈ ਭਾਈ ਜੇ ਗੁਰ ਗਿਆਨੁ ਸਮੋਇ॥੨॥		Chith Mehi Thaakur Sach Vasai Bhaaee Jae Gur Giaan Samoe ||2||	The True Lord and Master abides in the consciousness, O Siblings of Destiny, if the Guru's spiritual wisdom permeates it. ||2||	ਪਰ ਜੇ ਗੁਰੂ ਦਾ (ਦਿੱਤਾ) ਗਿਆਨ ਜੀਵ (ਦੇ ਮਨ ਵਿਚ) ਟਿਕ ਜਾਏ ਤਾਂ ਇਸ ਦੇ ਚਿੱਤ ਵਿਚ ਠਾਕੁਰ ਵੱਸ ਪੈਂਦਾ ਹੈ, ਤਾਂ ਜੀਵ ਸਦਾ-ਥਿਰ ਪ੍ਰਭੂ ਵਿਚ ਜੁੜਿਆ ਰਹਿੰਦਾ ਹੈ ॥੨॥
27732	637	ਰੂੜੋ ਰੂੜੋ ਆਖੀਐ ਭਾਈ ਰੂੜੋ ਲਾਲ ਚਲੂਲੁ॥	(ਰੂੜੋ) ਸੁੰਦਰ	Roorra Roorra Aakheeai Bhaaee Roorra Laal Chalool ||	Beautiful, beautiful, the Lord is called, O Siblings of Destiny; beautiful, like the deep crimson color of the poppy.	ਹੇ ਭਾਈ! ਪਰਮਾਤਮਾ ਸੁੰਦਰ-ਸਰੂਪ ਹੈ, ਉਸ ਨੂੰ (ਮਾਨੋ ਪਿਆਰ ਦਾ) ਗੂੜ੍ਹਾ ਲਾਲ ਰੰਗ ਚੜ੍ਹਿਆ ਰਹਿੰਦਾ ਹੈ, ਉਸ ਸੁੰਦਰ ਪ੍ਰਭੂ ਨੂੰ ਸਦਾ ਸਿਮਰਨਾ ਚਾਹੀਦਾ ਹੈ।

27733	637	ਜੇ ਮਨੁ ਹਰਿ ਸਿਉ ਬੈਰਾਗੀਐ ਭਾਈ ਦਰਿ ਘਰਿ ਸਾਚੁ ਅਭੂਲੁ॥੩॥	ਅ-ਭੂਲੁ	Jae Man Har Sio Bairaageeai Bhaaee Dhar Ghar Saach Abhool ||3||	If man loves the Lord with detachment, O Siblings of Destiny, he is judged to be true and infallible in the Lord's court and home. ||3||	ਜੇ ਜੀਵ ਦਾ ਮਨ ਉਸ ਪਰਮਾਤਮਾ ਨਾਲ ਪ੍ਰੇਮ ਕਰੇ, ਤਾਂ, ਹੇ ਭਾਈ! ਉਸ ਦੇ ਅੰਦਰ ਉਸ ਦੇ ਹਿਰਦੇ ਵਿਚ ਉਹ ਸਦਾ-ਥਿਰ ਤੇ ਅਭੁੱਲ ਪ੍ਰਭੂ (ਪਰਗਟ ਹੋ ਜਾਂਦਾ ਹੈ) ॥੩॥
27734	637	ਪਾਤਾਲੀ ਆਕਾਸਿ ਤੂ ਭਾਈ ਘਰਿ ਘਰਿ ਤੂ ਗੁਣ ਗਿਆਨੁ॥		Paathaalee Aakaas Thoo Bhaaee Ghar Ghar Thoo Gun Giaan ||	You are pervading the realms of the underworld and the heavenly skies; Your wisdom and glories are in each and every heart.	ਹੇ ਪ੍ਰਭੂ! ਪਾਤਾਲਾਂ ਵਿਚ ਆਕਾਸ਼ ਵਿਚ ਹਰ ਥਾਂ (ਤੇ) ਹਰੇਕ ਦੇ ਹਿਰਦੇ ਵਿਚ ਤੂੰ ਮੌਜੂਦ ਹੈਂ, ਆਪਣੇ ਗੁਣਾਂ ਦੀ ਜਾਣ-ਪਛਾਣ (ਗੁਰੂ ਦੀ ਰਾਹੀਂ) ਤੂੰ (ਜੀਵਾਂ ਨੂੰ) ਆਪ ਹੀ ਦੇਂਦਾ ਹੈਂ।
27735	637	ਗੁਰ ਮਿਲਿਐ ਸੁਖੁ ਪਾਇਆ ਭਾਈ ਚੂਕਾ ਮਨਹੁ ਗੁਮਾਨੁ॥੪॥		Gur Miliai Sukh Paaeiaa Bhaaee Chookaa Manahu Gumaan ||4||	Meeting with the Guru, one finds peace, O Siblings of Destiny, and pride is dispelled from the mind. ||4||	ਜੇ (ਜੀਵ ਨੂੰ) ਗੁਰੂ ਮਿਲ ਪਏ, ਤਾਂ (ਪ੍ਰਭੂ ਦੇ ਗੁਣਾਂ ਦੀ ਬਰਕਤਿ ਨਾਲ) ਉਸ ਨੂੰ ਆਤਮਕ ਆਨੰਦ ਪ੍ਰਾਪਤ ਹੋ ਜਾਂਦਾ ਹੈ, ਤੇ ਉਸ ਦੇ ਮਨ ਵਿਚੋਂ ਅਹੰਕਾਰ ਦੂਰ ਹੋ ਜਾਂਦਾ ਹੈ ॥੪॥
27736	637	ਜਲਿ ਮਲਿ ਕਾਇਆ ਮਾਜੀਐ ਭਾਈ ਭੀ ਮੈਲਾ ਤਨੁ ਹੋਇ॥	ਕਾਂਇਆਂ	Jal Mal Kaaeiaa Maajeeai Bhaaee Bhee Mailaa Than Hoe ||	Scrubbing with water, the body can be cleaned, O Siblings of Destiny, but the body becomes dirty again.	ਹੇ ਭਾਈ! ਜੇ ਪਾਣੀ ਨਾਲ ਮਲ ਮਲ ਕੇ ਸਰੀਰ ਨੂੰ ਮਾਂਜੀਏ ਤਾਂ ਭੀ ਸਰੀਰ ਮੈਲਾ ਹੀ ਰਹਿੰਦਾ ਹੈ।

27737	637	ਗਿਆਨਿ ਮਹਾ ਰਸਿ ਨਾਈਐ ਭਾਈ ਮਨੁ ਤਨੁ ਨਿਰਮਲੁ ਹੋਇ॥੫॥	ਨ੍ਹਾਈਐ	Giaan Mehaa Ras Naaeeai Bhaaee Man Than Niramal Hoe ||5||	Bathing in the supreme essence of spiritual wisdom, O Siblings of Destiny, the mind and body become pure. ||5||	ਪਰ ਜੇ ਪਰਮਾਤਮਾ ਦੇ ਗਿਆਨ (-ਰੂਪ ਜਲ ਵਿਚ) ਪਰਮਾਤਮਾ ਦੇ ਨਾਮ (-ਅੰਮ੍ਰਿਤ) ਵਿਚ ਇਸ਼ਨਾਨ ਕਰੀਏ, ਤਾਂ ਮਨ ਭੀ ਪਵਿਤ੍ਰ ਤੇ ਸਰੀਰ ਭੀ ਪਵਿਤ੍ਰ ਹੋ ਜਾਂਦਾ ਹੈ ॥੫॥
27738	637	ਦੇਵੀ ਦੇਵਾ ਪੂਜੀਐ ਭਾਈ ਕਿਆ ਮਾਗਉ ਕਿਆ ਦੇਹਿ॥		Dhaevee Dhaevaa Poojeeai Bhaaee Kiaa Maago Kiaa Dhaehi ||	Why worship gods and goddesses, O Siblings of Destiny? What can we ask of them? What can they give us?	ਹੇ ਭਾਈ! ਜੇ ਦੇਵੀ ਦੇਵਤਿਆਂ ਦੀਆਂ ਪੱਥਰ ਆਦਿਕ ਦੀਆਂ ਮੂਰਤੀਆਂ ਦੀ ਪੂਜਾ ਕਰੀਏ, ਤਾਂ ਇਹ ਕੁਝ ਭੀ ਨਹੀਂ ਦੇ ਸਕਦੇ, ਮੈਂ ਇਹਨਾਂ ਪਾਸੋਂ ਕੁਝ ਭੀ ਨਹੀਂ ਮੰਗਦਾ।
27739	637	ਪਾਹਣੁ ਨੀਰਿ ਪਖਾਲੀਐ ਭਾਈ ਜਲ ਮਹਿ ਬੂਡਹਿ ਤੇਹਿ॥੬॥	(ਪਾਹਣੁ) ਪੱਥਰ। (ਪਖਾਲੀਐ) ਧੋਈਏ	Paahan Neer Pakhaaleeai Bhaaee Jal Mehi Booddehi Thaehi ||6||	The stone gods are washed with water, O Siblings of Destiny, but they just sink in the water. ||6||	ਪੱਥਰ ਨੂੰ ਪਾਣੀ ਨਾਲ ਧੋਂਦੇ ਰਹੀਏ, ਤਾਂ ਭੀ ਉਹ (ਪੱਥਰ ਦੇ ਬਣਾਏ ਹੋਏ ਦੇਵੀ ਦੇਵਤੇ) ਪਾਣੀ ਵਿਚ ਡੁੱਬ ਜਾਂਦੇ ਹਨ (ਆਪਣੇ ਪੁਜਾਰੀਆਂ ਨੂੰ ਉਹ ਕਿਵੇਂ ਸੰਸਾਰ-ਸਮੁੰਦਰ ਤੋਂ ਤਾਰ ਸਕਦੇ ਹਨ? ॥੬॥
27740	637	ਗੁਰ ਬਿਨੁ ਅਲਖੁ ਨ ਲਖੀਐ ਭਾਈ ਜਗੁ ਬੂਡੈ ਪਤਿ ਖੋਇ॥	ਪਤਿ:ਪੋਲਾ ਬੋਲੋ	Gur Bin Alakh N Lakheeai Bhaaee Jag Booddai Path Khoe ||	Without the Guru, the unseen Lord cannot be seen, O Siblings of Destiny; the world is drowning, having lost its honor.	ਪਰਮਾਤਮਾ ਦੀ ਹਸਤੀ ਬਿਆਨ ਤੋਂ ਪਰੇ ਹੈ ਬਿਆਨ ਨਹੀਂ ਕੀਤੀ ਜਾ ਸਕਦੀ। ਹੇ ਭਾਈ! ਗੁਰੂ ਤੋਂ ਬਿਨਾ ਜਗਤ (ਵਿਕਾਰਾਂ ਵਿਚ) ਡੁੱਬਦਾ ਹੈ ਤੇ ਆਪਣੀ ਇੱਜ਼ਤ ਗਵਾਂਦਾ ਹੈ।

27741	637	ਮੇਰੇ ਠਾਕੁਰ ਹਾਥਿ ਵਡਾਈਆ ਭਾਈ ਜੈ ਭਾਵੈ ਤੈ ਦੇਇ॥੭॥	ਦੇਇ	Maerae Thaakur Haathh Vaddaaeeaa Bhaaee Jai Bhaavai Thai Dhaee ||7||	Greatness is in the hands of my Lord and Master, O Siblings of Destiny; as He is pleased, He gives. ||7||	(ਪਰ ਜੀਵਾਂ ਦੇ ਕੀਹ ਵੱਸ?) ਵਡਿਆਈਆਂ ਪਰਮਾਤਮਾ ਦੇ ਆਪਣੇ ਹੱਥ ਵਿਚ ਹਨ। ਜੋ ਉਸ ਨੂੰ ਚੰਗਾ ਲੱਗਦਾ ਹੈ ਉਸ ਨੂੰ ਦੇਂਦਾ ਹੈ ॥੭॥
27742	637	ਬਈਅਰਿ ਬੋਲੈ ਮੀਠੁਲੀ ਭਾਈ ਸਾਚੁ ਕਹੈ ਪਿਰ ਭਾਇ॥	(ਬਈਅਰਿ) ਇਸਤ੍ਰੀ	Beear Bolai Meethulee Bhaaee Saach Kehai Pir Bhaae ||	That soul-bride, who talks sweetly and speaks the Truth, O Siblings of Destiny, becomes pleasing to her Husband Lord.	ਜੇਹੜੀ ਜੀਵ-ਇਸਤ੍ਰੀ, ਹੇ ਭਾਈ! (ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ) ਮਿੱਠੇ ਬੋਲ ਬੋਲਦੀ ਹੈ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰਦੀ ਹੈ ਪਤੀ-ਪ੍ਰਭੂ ਦੇ ਪ੍ਰੇਮ ਵਿਚ (ਮਗਨ ਰਹਿੰਦੀ ਹੈ),
27743	637	ਬਿਰਹੈ ਬੇਧੀ ਸਚਿ ਵਸੀ ਭਾਈ ਅਧਿਕ ਰਹੀ ਹਰਿ ਨਾਇ॥੮॥	(ਬਿਰਹੈ) ਵਿਛੋੜੇ। (ਬੇੱਧੀ) ਵਿੰਨ੍ਹੀ	Birehai Baedhhee Sach Vasee Bhaaee Adhhik Rehee Har Naae ||8||	Pierced by His Love, she abides in Truth, O Siblings of Destiny, deeply imbued with the Lord's Name. ||8||	ਉਹ ਪ੍ਰਭੂ-ਪ੍ਰੇਮ ਵਿਚ ਵਿੱਝੀ ਹੋਈ ਜੀਵ-ਇਸਤ੍ਰੀ ਸਦਾ-ਥਿਰ ਪ੍ਰਭੂ ਵਿਚ ਟਿਕੀ ਰਹਿੰਦੀ ਹੈ, ਉਹ ਬਹੁਤ ਪ੍ਰੇਮ ਕਰ ਕੇ ਪ੍ਰਭੂ ਦੇ ਨਾਮ ਵਿਚ ਜੁੜੀ ਰਹਿੰਦੀ ਹੈ ॥੮॥
27744	637	ਸਭੁ ਕੋ ਆਖੈ ਆਪਣਾ ਭਾਈ ਗੁਰ ਤੇ ਬੁਝੈ ਸੁਜਾਨੁ॥	ਬੁੱਝੈ	Sabh Ko Aakhai Aapanaa Bhaaee Gur Thae Bujhai Sujaan ||	Everyone calls God his own, O Siblings of Destiny, but the all-knowing Lord is known only through the Guru.	ਹੇ ਭਾਈ! ਹਰੇਕ ਜੀਵ ਮਾਇਆ ਦੀ ਅਪਣੱਤ ਦੀਆਂ ਗੱਲਾਂ ਹੀ ਕਰਦਾ ਹੈ, ਪਰ ਜੇਹੜਾ ਮਨੁੱਖ ਗੁਰੂ ਪਾਸੋਂ (ਜੀਵਨ ਦਾ ਸਹੀ ਰਸਤਾ) ਸਮਝਦਾ ਹੈ ਉਹ ਸਿਆਣਾ ਹੋ ਜਾਂਦਾ ਹੈ (ਉਹ ਮਾਇਆ-ਮੋਹ ਦੇ ਥਾਂ ਪਰਮਾਤਮਾ ਦੀ ਯਾਦ ਵਿਚ ਜੁੜਦਾ ਹੈ)।

27745	637	ਜੋ ਬੀਧੇ ਸੇ ਊਬਰੇ ਭਾਈ ਸਬਦੁ ਸਚਾ ਨੀਸਾਨੁ॥੯॥	ਬੀੱਧੇ	Jo Beedhhae Sae Oobarae Bhaaee Sabadh Sachaa Neesaan ||9||	Those who are pierced by His Love are saved, O Siblings of Destiny; they bear the Insignia of the True Word of the Shabad. ||9||	ਜੇਹੜੇ ਮਨੁੱਖ ਪਰਮਾਤਮਾ ਦੇ ਪ੍ਰੇਮ ਵਿਚ ਵਿੱਝਦੇ ਹਨ ਉਹ (ਮਾਇਆ ਦੇ ਮੋਹ ਵਿਚ ਡੁੱਬਣ ਤੋਂ, ਵਿਕਾਰਾਂ ਵਿਚ ਫਸਣ ਤੋਂ) ਬਚ ਜਾਂਦੇ ਹਨ। ਗੁਰੂ ਦਾ ਸ਼ਬਦ ਉਹਨਾਂ ਪਾਸ ਸਦਾ ਟਿਕਿਆ ਰਹਿਣ ਵਾਲਾ ਪਰਵਾਨਾ ਹੈ ॥੯॥
27746	637	ਈਧਨੁ ਅਧਿਕ ਸਕੇਲੀਐ ਭਾਈ ਪਾਵਕੁ ਰੰਚਕ ਪਾਇ॥	(ਈਧਨੁ) ਬਾਲਣ। (ਸਕੇਲੀਐ) ਇਕੱਠਾ ਕਰੀਏ। (ਪਾਵਕੁ) ਅੱਗ। (ਰੰਚਕ) ਥੋੜੀ ਜਿਹੀ	Eedhhan Adhhik Sakaeleeai Bhaaee Paavak Ranchak Paae ||	A large pile of firewood, O Siblings of Destiny, will burn if a small fire is applied.	ਹੇ ਭਾਈ! ਜੇ ਬਹੁਤ ਸਾਰਾ ਬਾਲਣ ਇਕੱਠਾ ਕਰ ਲਈਏ, ਤੇ ਉਸ ਵਿਚ ਰਤਾ ਕੁ ਅੱਗ ਪਾ ਦੇਈਏ (ਤਾਂ ਉਹ ਸਾਰਾ ਬਾਲਣ ਸੜ ਕੇ ਸੁਆਹ ਹੋ ਜਾਂਦਾ ਹੈ)।
27747	637	ਖਿਨੁ ਪਲੁ ਨਾਮੁ ਰਿਦੈ ਵਸੈ ਭਾਈ ਨਾਨਕ ਮਿਲਣੁ ਸੁਭਾਇ॥੧੦॥੪॥		Khin Pal Naam Ridhai Vasai Bhaaee Naanak Milan Subhaae ||10||4||	In the same way, if the Naam, the Name of the Lord, dwells in the heart for a moment, even for an instant, O Siblings of Destiny, then one meets the Lord with ease, O Nanak. ||10||4||	ਇਸੇ ਤਰ੍ਹਾਂ, ਹੇ ਨਾਨਕ! ਜੇ ਪਰਮਾਤਮਾ ਦਾ ਨਾਮ ਘੜੀ ਪਲ ਵਾਸਤੇ ਭੀ ਮਨੁੱਖ ਦੇ ਮਨ ਵਿਚ ਵੱਸ ਪਏ (ਤਾਂ ਉਸ ਦੇ ਸਾਰੇ ਪਾਪ ਨਾਸ ਹੋ ਜਾਂਦੇ ਹਨ, ਤੇ) ਸਹਿਜੇ ਹੀ ਉਸ ਦਾ ਮਿਲਾਪ (ਪਰਮਾਤਮਾ ਦੇ ਚਰਨਾਂ ਵਿਚ) ਹੋ ਜਾਂਦਾ ਹੈ ॥੧੦॥੪॥
27748	637	ਸੋਰਠਿ ਮਹਲਾ ੩ ਘਰੁ ੧ ਤਿਤੁਕੀ	ਤਿਤੁਕੀ:ਪੋਲਾ	Sorath Mehalaa 3 Ghar 1 Thithukee	Sorat'h, Third Mehl, First House, Ti-Tukas:	ਰਾਗ ਸੋਰਠਿ, ਘਰ ੧ ਵਿੱਚ ਗੁਰੂ ਅਮਰਦਾਸ ਜੀ ਦੀ ਤਿਨ-ਤੁਕੀ ਬਾਣੀ।

27749	637	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
27750	637	ਭਗਤਾ ਦੀ ਸਦਾ ਤੂ ਰਖਦਾ ਹਰਿ ਜੀਉ ਧੁਰਿ ਤੂ ਰਖਦਾ ਆਇਆ॥		Bhagathaa Dhee Sadhaa Thoo Rakhadhaa Har Jeeo Dhhur Thoo Rakhadhaa Aaeiaa ||	You always preserve the honor of Your devotees, O Dear Lord; You have protected them from the very beginning of time.	ਹੇ ਹਰੀ! ਤੂੰ ਆਪਣੇ ਭਗਤਾਂ ਦੀ ਇੱਜ਼ਤ ਸਦਾ ਰੱਖਦਾ ਹੈਂ, ਜਦੋਂ ਤੋਂ ਜਗਤ ਬਣਿਆ ਹੈ ਤਦੋਂ ਤੋਂ (ਭਗਤਾਂ ਦੀ ਇੱਜ਼ਤ) ਰੱਖਦਾ ਆ ਰਿਹਾ ਹੈਂ।
27751	637	ਪ੍ਰਹਿਲਾਦ ਜਨ ਤੁਧੁ ਰਾਖਿ ਲਏ ਹਰਿ ਜੀਉ ਹਰਣਾਖਸੁ ਮਾਰਿ ਪਚਾਇਆ॥	ਪ੍ਰਹਿਲਾਦ	Prehilaadh Jan Thudhh Raakh Leae Har Jeeo Haranaakhas Maar Pachaaeiaa ||	You protected Your servant Prahlaad, O Dear Lord, and annihilated Harnaakhash.	ਹੇ ਹਰੀ! ਪ੍ਰਹਿਲਾਦ ਭਗਤ ਵਰਗੇ ਅਨੇਕਾਂ ਸੇਵਕਾਂ ਦੀ ਤੂੰ ਇੱਜ਼ਤ ਰੱਖੀ ਹੈ, ਤੂੰ ਹਰਣਾਖਸ ਨੂੰ ਮਾਰ ਕੇ ਮੁਕਾ ਦਿੱਤਾ।
27752	637	ਗੁਰਮੁਖਾ ਨੋ ਪਰਤੀਤਿ ਹੈ ਹਰਿ ਜੀਉ ਮਨਮੁਖ ਭਰਮਿ ਭੁਲਾਇਆ॥੧॥		Guramukhaa No Paratheeth Hai Har Jeeo Manamukh Bharam Bhulaaeiaa ||1||	The Gurmukhs place their faith in the Dear Lord, but the self-willed manmukhs are deluded by doubt. ||1||	ਹੇ ਹਰੀ! ਜੇਹੜੇ ਮਨੁੱਖ ਗੁਰੂ ਦੇ ਸਨਮੁਖ ਰਹਿੰਦੇ ਹਨ ਉਹਨਾਂ ਨੂੰ ਨਿਸ਼ਚਾ ਹੁੰਦਾ ਹੈ (ਕਿ ਤੂੰ ਭਗਤਾਂ ਦੀ ਇੱਜ਼ਤ ਬਚਾਂਦਾ ਹੈਂ, ਪਰ) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਭਟਕਣਾ ਵਿਚ ਪੈ ਕੇ ਕੁਰਾਹੇ ਪਏ ਰਹਿੰਦੇ ਹਨ ॥੧॥
27753	637	ਹਰਿ ਜੀ ਏਹ ਤੇਰੀ ਵਡਿਆਈ॥		Har Jee Eaeh Thaeree Vaddiaaee ||	O Dear Lord, this is Your Glory.	ਹੇ ਹਰੀ! (ਭਗਤਾਂ ਦੀ ਇੱਜ਼ਤ) ਤੇਰੀ ਹੀ ਇੱਜ਼ਤ ਹੈ।

27754	637	ਭਗਤਾ ਕੀ ਪੈਜ ਰਖੁ ਤੂ ਸੁਆਮੀ ਭਗਤ ਤੇਰੀ ਸਰਣਾਈ॥ਰਹਾਉ॥		Bhagathaa Kee Paij Rakh Thoo Suaamee Bhagath Thaeree Saranaaee || Rehaao ||	You preserve the honor of Your devotees, O Lord Master; Your devotees seek Your Sanctuary. ||Pause||	ਹੇ ਸੁਆਮੀ! ਭਗਤ ਤੇਰੀ ਸਰਨ ਪਏ ਰਹਿੰਦੇ ਹਨ, ਤੂੰ ਆਪਣੇ ਭਗਤਾਂ ਦੀ ਇੱਜ਼ਤ ਰੱਖ ਰਹਾਉ॥
27755	637	ਭਗਤਾ ਨੋ ਜਮੁ ਜੋਹਿ ਨ ਸਾਕੈ ਕਾਲੁ ਨ ਨੇੜੈ ਜਾਈ॥	(ਜੋਹਿ) ਤੱਕ	Bhagathaa No Jam Johi N Saakai Kaal N Naerrai Jaaee ||	The Messenger of Death cannot touch Your devotees; death cannot even approach them.	ਹੇ ਭਾਈ! ਭਗਤਾਂ ਨੂੰ ਮੌਤ ਡਰਾ ਨਹੀਂ ਸਕਦੀ, ਮੌਤ ਦਾ ਡਰ ਭਗਤਾਂ ਦੇ ਨੇੜੇ ਨਹੀਂ ਢੁਕਦਾ,
27756	637	ਕੇਵਲ ਰਾਮ ਨਾਮੁ ਮਨਿ ਵਸਿਆ ਨਾਮੇ ਹੀ ਮੁਕਤਿ ਪਾਈ॥		Kaeval Raam Naam Man Vasiaa Naamae Hee Mukath Paaee ||	The Name of the Lord alone abides in their minds; through the Naam, the Name of the Lord, they find liberation.	(ਕਿਉਂਕਿ ਮੌਤ ਦੇ ਡਰ ਦੇ ਥਾਂ) ਸਿਰਫ਼ ਪਰਮਾਤਮਾ ਦਾ ਨਾਮ (ਉਹਨਾਂ ਦੇ) ਮਨ ਵਿਚ ਵੱਸਦਾ ਹੈ, ਨਾਮ ਦੀ ਬਰਕਤਿ ਨਾਲ ਹੀ ਉਹ (ਮੌਤ ਦੇ ਡਰ ਤੋਂ) ਖ਼ਲਾਸੀ ਪ੍ਰਾਪਤ ਕਰ ਲੈਂਦੇ ਹਨ।
27757	637	ਰਿਧਿ ਸਿਧਿ ਸਭ ਭਗਤਾ ਚਰਣੀ ਲਾਗੀ ਗੁਰ ਕੈ ਸਹਜਿ ਸੁਭਾਈ॥੨॥		Ridhh Sidhh Sabh Bhagathaa Charanee Laagee Gur Kai Sehaj Subhaaee ||2||	Wealth and all the spiritual powers of the Siddhis fall at the feet of the Lord's devotees; they obtain peace and poise from the Guru. ||2||	ਭਗਤ ਗੁਰੂ ਦੀ ਰਾਹੀਂ (ਗੁਰੂ ਦੀ ਸ਼ਰਨ ਪੈ ਕੇ) ਆਤਮਕ ਅਡੋਲਤਾ ਵਿਚ ਪ੍ਰਭੂ-ਪਿਆਰ ਵਿਚ (ਟਿਕੇ ਰਹਿੰਦੇ ਹਨ, ਇਸ ਵਾਸਤੇ) ਸਭ ਕਰਾਮਾਤੀ ਤਾਕਤਾਂ ਭਗਤਾਂ ਦੀ ਚਰਨੀਂ ਲੱਗੀਆਂ ਰਹਿੰਦੀਆਂ ਹਨ ॥੨॥

27758	637	ਮਨਮੁਖਾ ਨੋ ਪਰਤੀਤਿ ਨ ਆਵੀ ਅੰਤਰਿ ਲੋਭ ਸੁਆਉ॥	(ਸੁਆਉ) ਮਨੋਰਥ	Manamukhaa No Paratheeth N Aavee Anthar Lobh Suaao ||	The self-willed manmukhs have no faith; they are filled with greed and self-interest.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਨੂੰ (ਪਰਮਾਤਮਾ ਉਤੇ) ਯਕੀਨ ਨਹੀਂ ਬੱਝਦਾ, ਉਹਨਾਂ ਦੇ ਅੰਦਰ ਲੋਭ-ਭਰੀ ਗ਼ਰਜ਼ ਟਿਕੀ ਰਹਿੰਦੀ ਹੈ।
27759	637	ਗੁਰਮੁਖਿ ਹਿਰਦੈ ਸਬਦੁ ਨ ਭੇਦਿਓ ਹਰਿ ਨਾਮਿ ਨ ਲਾਗਾ ਭਾਉ॥	(ਭੇਦਿਓ) ਮਿਲਿਆ	Guramukh Hiradhai Sabadh N Bhaedhiou Har Naam N Laagaa Bhaao ||	They are not Gurmukh - they do not understand the Word of the Shabad in their hearts; they do not love the Naam, the Name of the Lord.	ਗੁਰੂ ਦੀ ਸਰਨ ਪੈ ਕੇ ਉਹਨਾਂ (ਮਨਮੁਖਾਂ) ਦੇ ਹਿਰਦੇ ਵਿਚ ਗੁਰੂ ਦਾ ਸ਼ਬਦ ਨਹੀਂ ਵਿੱਝਦਾ, ਪਰਮਾਤਮਾ ਦੇ ਨਾਮ ਵਿਚ ਉਹਨਾਂ ਦਾ ਪਿਆਰ ਨਹੀਂ ਬਣਦਾ।
27760	637	ਕੂੜ ਕਪਟ ਪਾਜੁ ਲਹਿ ਜਾਸੀ ਮਨਮੁਖ ਫੀਕਾ ਅਲਾਉ॥੩॥	(ਪਾਜੁ) ਦਿਖਾਵਾ। (ਅਲਾਉ) ਬੋਲ	Koorr Kapatt Paaj Lehi Jaasee Manamukh Feekaa Alaao ||3||	Their masks of falsehood and hypocrisy shall fall off; the self-willed manmukhs speak with insipid words. ||3||	ਮਨਮੁਖਾਂ ਦਾ ਬੋਲ ਭੀ ਰੁੱਖਾ ਰੁੱਖਾ ਹੁੰਦਾ ਹੈ। ਪਰ ਉਹਨਾਂ ਦਾ ਝੂਠ ਤੇ ਠੱਗੀ ਦਾ ਪਾਜ ਉੱਘੜ ਹੀ ਜਾਂਦਾ ਹੈ ॥੩॥
27761	637	ਭਗਤਾ ਵਿਚਿ ਆਪਿ ਵਰਤਦਾ ਪ੍ਰਭ ਜੀ ਭਗਤੀ ਹੂ ਤੂ ਜਾਤਾ॥		Bhagathaa Vich Aap Varathadhaa Prabh Jee Bhagathee Hoo Thoo Jaathaa ||	You are pervading through Your devotees, O Dear God; through Your devotees, You are known.	ਹੇ ਪ੍ਰਭੂ! ਆਪਣੇ ਭਗਤਾਂ ਵਿਚ ਤੂੰ ਆਪ ਕੰਮ ਕਰਦਾ ਹੈਂ, ਤੇਰੇ ਭਗਤਾਂ ਨੇ ਹੀ ਤੇਰੇ ਨਾਲ ਡੂੰਘੀ ਸਾਂਝ ਪਾਈ ਹੈ।

27762	637	ਮਾਇਆ ਮੋਹ ਸਭ ਲੋਕ ਹੈ ਤੇਰੀ ਤੂ ਏਕੋ ਪੁਰਖੁ ਬਿਧਾਤਾ॥		Maaeiaa Moh Sabh Lok Hai Thaeree Thoo Eaeko Purakh Bidhhaathaa ||	All the people are enticed by Maya; they are Yours, Lord - You alone are the Architect of Destiny.	ਪਰ, ਹੇ ਪ੍ਰਭੂ! ਮਾਇਆ ਦਾ ਮੋਹ ਭੀ ਤੇਰੀ ਹੀ ਰਚਨਾ ਹੈ, ਤੂੰ ਆਪ ਹੀ ਸਰਬ-ਵਿਆਪਕ ਹੈਂ, ਤੇ ਰਚਨਹਾਰ ਹੈਂ,
27763	638	ਹਉਮੈ ਮਾਰਿ ਮਨਸਾ ਮਨਹਿ ਸਮਾਣੀ ਗੁਰ ਕੈ ਸਬਦਿ ਪਛਾਤਾ॥੪॥		Houmai Maar Manasaa Manehi Samaanee Gur Kai Sabadh Pashhaathaa ||4||	Overcoming my egotism and quieting the desires within my mind, I have come to realize the Word of the Guru's Shabad. ||4||	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਸ਼ਬਦਾਂ ਦੀ ਰਾਹੀਂ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ ਮਨ ਦਾ ਫੁਰਨਾ ਮਨ ਵਿਚ ਹੀ ਲੀਨ ਕਰ ਦਿੱਤਾ ਹੈ, ਉਹਨਾਂ ਨੇ (ਹੇ ਪ੍ਰਭੂ! ਤੇਰੇ ਨਾਲ) ਸਾਂਝ ਪਾ ਲਈ ॥੪॥
27764	638	ਅਚਿੰਤ ਕੰਮ ਕਰਹਿ ਪ੍ਰਭ ਤਿਨ ਕੇ ਜਿਨ ਹਰਿ ਕਾ ਨਾਮੁ ਪਿਆਰਾ॥		Achinth Kanm Karehi Prabh Thin Kae Jin Har Kaa Naam Piaaraa ||	God automatically does the work of those who love the Name of the Lord.	ਹੇ ਪ੍ਰਭੂ! ਜਿਨ੍ਹਾਂ ਨੂੰ ਤੇਰਾ ਹਰਿ-ਨਾਮ ਪਿਆਰਾ ਲੱਗਦਾ ਹੈ ਤੂੰ ਉਹਨਾਂ ਦੇ ਕੰਮ ਕਰ ਦੇਂਦਾ ਹੈਂ, ਉਹਨਾਂ ਨੂੰ ਕੋਈ ਚਿੰਤਾ-ਫ਼ਿਕਰ ਹੀ ਨਹੀਂ ਹੁੰਦਾ।
27765	638	ਗੁਰ ਪਰਸਾਦਿ ਸਦਾ ਮਨਿ ਵਸਿਆ ਸਭਿ ਕਾਜ ਸਵਾਰਣਹਾਰਾ॥		Gur Parasaadh Sadhaa Man Vasiaa Sabh Kaaj Savaaranehaaraa ||	By Guru's Grace, he ever dwells in their minds, and He resolves all their affairs.	ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਿਨ੍ਹਾਂ ਦੇ ਮਨ ਵਿਚ ਪਰਮਾਤਮਾ ਸਦਾ ਵੱਸਿਆ ਰਹਿੰਦਾ ਹੈ, ਪਰਮਾਤਮਾ ਉਹਨਾਂ ਦੇ ਸਾਰੇ ਕੰਮ ਸਵਾਰ ਦੇਂਦਾ ਹੈ।

27766	638	ਓਨਾ ਕੀ ਰੀਸ ਕਰੇ ਸੁ ਵਿਗੁਚੈ ਜਿਨ ਹਰਿ ਪ੍ਰਭੁ ਹੈ ਰਖਵਾਰਾ॥੫॥	(ਵਿਗੁਚੈ) ਖੁਆਰ ਹੁੰਦਾ	Ounaa Kee Rees Karae S Viguchai Jin Har Prabh Hai Rakhavaaraa ||5||	Whoever challenges them is destroyed; they have the Lord God as their Savior. ||5||	ਜਿਨ੍ਹਾਂ ਮਨੁੱਖਾਂ ਦਾ ਰਾਖਾ ਪਰਮਾਤਮਾ ਆਪ ਬਣਦਾ ਹੈ, ਉਹਨਾਂ ਦੀ ਬਰਾਬਰੀ ਜੇਹੜਾ ਭੀ ਮਨੁੱਖ ਕਰਦਾ ਹੈ ਉਹ ਖ਼ੁਆਰ ਹੁੰਦਾ ਹੈ ॥੫॥
27767	638	ਬਿਨੁ ਸਤਿਗੁਰ ਸੇਵੇ ਕਿਨੈ ਨ ਪਾਇਆ ਮਨਮੁਖਿ ਭਉਕਿ ਮੁਏ ਬਿਲਲਾਈ॥	(ਬਿਲਲਾਈ) ਰੋਂਦੇ	Bin Sathigur Saevae Kinai N Paaeiaa Manamukh Bhouk Mueae Bilalaaee ||	Without serving the True Guru, no one finds the Lord; the self-willed manmukhs die crying out in pain.	ਹੇ ਭਾਈ! ਗੁਰੂ ਦੀ ਸ਼ਰਨ ਪੈਣ ਤੋਂ ਬਿਨਾ ਕਿਸੇ ਮਨੁੱਖ ਨੇ ਭੀ (ਪਰਮਾਤਮਾ ਦਾ ਮਿਲਾਪ) ਹਾਸਲ ਨਹੀਂ ਕੀਤਾ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਫ਼ਜ਼ੂਲ ਬੋਲ ਬੋਲ ਕੇ ਵਿਲਕ ਵਿਲਕ ਕੇ ਆਤਮਕ ਮੌਤ ਸਹੇੜ ਲੈਂਦੇ ਹਨ।
27768	638	ਆਵਹਿ ਜਾਵਹਿ ਠਉਰ ਨ ਪਾਵਹਿ ਦੁਖ ਮਹਿ ਦੁਖਿ ਸਮਾਈ॥		Aavehi Jaavehi Thour N Paavehi Dhukh Mehi Dhukh Samaaee ||	They come and go, and find no place of rest; in pain and suffering, they perish.	ਉਹ ਸਦਾ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ (ਇਸ ਗੇੜ ਤੋਂ ਬਚਣ ਲਈ ਕੋਈ) ਠਾਹਰ ਉਹ ਲੱਭ ਨਹੀਂ ਸਕਦੇ, ਦੁੱਖ ਵਿਚ (ਜੀਵਨ ਬਤੀਤ ਕਰਦੇ ਆਖ਼ਰ) ਦੁੱਖ ਵਿਚ (ਹੀ) ਗ਼ਰਕ ਹੋ ਜਾਂਦੇ ਹਨ।
27769	638	ਗੁਰਮੁਖਿ ਹੋਵੈ ਸੁ ਅੰਮ੍ਰਿਤੁ ਪੀਵੈ ਸਹਜੇ ਸਾਚਿ ਸਮਾਈ॥੬॥		Guramukh Hovai S Anmrith Peevai Sehajae Saach Samaaee ||6||	But one who becomes Gurmukh drinks in the Ambrosial Nectar, and is easily absorbed in the True Name. ||6||	ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈਂਦਾ ਹੈ ਉਹ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਹੈ, (ਤੇ, ਇਸ ਤਰ੍ਹਾਂ) ਆਤਮਕ ਅਡੋਲਤਾ ਵਿਚ ਸਦਾ-ਥਿਰ ਹਰਿ-ਨਾਮ ਵਿਚ ਲੀਨ ਰਹਿੰਦਾ ਹੈ ॥੬॥

27770	638	ਬਿਨੁ ਸਤਿਗੁਰ ਸੇਵੇ ਜਨਮੁ ਨ ਛੋਡੈ ਜੇ ਅਨੇਕ ਕਰਮ ਕਰੈ ਅਧਿਕਾਈ॥	(ਅਧਿਕਾਈ) ਬਹੁਤ	Bin Sathigur Saevae Janam N Shhoddai Jae Anaek Karam Karai Adhhikaaee ||	Without serving the True Guru, one cannot escape reincarnation, even by performing numerous rituals.	ਹੇ ਭਾਈ! ਗੁਰੂ ਦੀ ਸ਼ਰਨ ਪੈਣ ਤੋਂ ਬਿਨਾ (ਮਨੁੱਖ ਨੂੰ ਜਨਮਾਂ ਦਾ ਗੇੜ ਨਹੀਂ ਛੱਡਦਾ, ਉਹ ਭਾਵੇਂ ਬਥੇਰੇ ਅਨੇਕਾਂ ਹੀ (ਮਿੱਥੇ ਹੋਏ ਧਾਰਮਿਕ) ਕਰਮ ਕਰਦਾ ਰਹੇ।
27771	638	ਵੇਦ ਪੜਹਿ ਤੈ ਵਾਦ ਵਖਾਣਹਿ ਬਿਨੁ ਹਰਿ ਪਤਿ ਗਵਾਈ॥	(ਵਾਦ) ਝਗੜੇ ਦੀਆਂ (ਵਖਾਣਹਿ) ਗੱਲਾਂ ਕਰੇ। ਪੜ੍ਹਹਿ	Vaedh Parrehi Thai Vaadh Vakhaanehi Bin Har Path Gavaaee ||	Those who read the Vedas, and argue and debate without the Lord, lose their honor.	(ਪੰਡਿਤ ਲੋਕ) ਵੇਦ (ਆਦਿਕ ਧਰਮ-ਪੁਸਤਕਾਂ) ਪੜ੍ਹਦੇ ਹਨ, ਅਤੇ (ਉਹਨਾਂ ਬਾਬਤ ਨਿਰੀਆਂ) ਬਹਿਸਾਂ (ਹੀ) ਕਰਦੇ ਹਨ। (ਯਕੀਨ ਜਾਣੋ ਕਿ) ਪਰਮਾਤਮਾ ਦੇ ਨਾਮ ਤੋਂ ਬਿਨਾ ਉਹਨਾਂ ਨੇ ਪ੍ਰਭੂ-ਦਰ ਤੇ ਆਪਣੀ ਇੱਜ਼ਤ ਗਵਾ ਲਈ ਹੈ।
27772	638	ਸਚਾ ਸਤਿਗੁਰੁ ਸਾਚੀ ਜਿਸੁ ਬਾਣੀ ਭਜਿ ਛੂਟਹਿ ਗੁਰ ਸਰਣਾਈ॥੭॥	ਭਜਿ:ਪੋਲਾ ਬੋਲੋ	Sachaa Sathigur Saachee Jis Baanee Bhaj Shhoottehi Gur Saranaaee ||7||	True is the True Guru, and True is the Word of His Bani; in the Guru's Sanctuary, one is saved. ||7||	ਹੇ ਭਾਈ! ਗੁਰੂ ਸਦਾ-ਥਿਰ ਪ੍ਰਭੂ ਦੇ ਨਾਮ ਦਾ ਉਪਦੇਸ਼ ਕਰਨ ਵਾਲਾ ਹੈ, ਉਸ ਦੀ ਬਾਣੀ ਭੀ ਪਰਮਾਤਮਾ ਦੀ ਸਿਫ਼ਤ-ਸਾਲਾਹ ਵਾਲੀ ਹੈ। ਜੇਹੜੇ ਮਨੁੱਖ ਦੌੜ ਕੇ ਗੁਰੂ ਦੀ ਸ਼ਰਨ ਜਾ ਪੈਂਦੇ ਹਨ, ਉਹ (ਆਤਮਕ ਮੌਤ ਤੋਂ) ਬਚ ਜਾਂਦੇ ਹਨ ॥੭॥

27773	638	ਜਿਨ ਹਰਿ ਮਨਿ ਵਸਿਆ ਸੇ ਦਰਿ ਸਾਚੇ ਦਰਿ ਸਾਚੈ ਸਚਿਆਰਾ॥		Jin Har Man Vasiaa Sae Dhar Saachae Dhar Saachai Sachiaaraa ||	Those whose minds are filled with the Lord are judged as true in the Court of the Lord; they are hailed as true in the True Court.	ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਪਰਮਾਤਮਾ ਆ ਵੱਸਦਾ ਹੈ, ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਦਰ ਤੇ ਸੁਰਖ਼-ਰੂ ਹੋ ਜਾਂਦੇ ਹਨ।
27774	638	ਓਨਾ ਦੀ ਸੋਭਾ ਜੁਗਿ ਜੁਗਿ ਹੋਈ ਕੋਇ ਨ ਮੇਟਣਹਾਰਾ॥		Ounaa Dhee Sobhaa Jug Jug Hoee Koe N Maettanehaaraa ||	Their praises echo throughout the ages, and no one can erase them.	ਉਹਨਾਂ ਮਨੁੱਖਾਂ ਦੀ ਵਡਿਆਈ ਹਰੇਕ ਜੁਗ ਵਿਚ ਹੀ ਹੁੰਦੀ ਹੈ, ਕੋਈ (ਨਿੰਦਕ ਆਦਿਕ ਉਹਨਾਂ ਦੀ ਇਸ ਹੋ ਰਹੀ ਵਡਿਆਈ ਨੂੰ) ਮਿਟਾ ਨਹੀਂ ਸਕਦਾ।
27775	638	ਨਾਨਕ ਤਿਨ ਕੈ ਸਦ ਬਲਿਹਾਰੈ ਜਿਨ ਹਰਿ ਰਾਖਿਆ ਉਰਿ ਧਾਰਾ॥੮॥੧॥		Naanak Thin Kai Sadh Balihaarai Jin Har Raakhiaa Our Dhhaaraa ||8||1||	Nanak is forever a sacrifice to those who enshrine the Lord within their hearts. ||8||1||	ਹੇ ਨਾਨਕ! (ਆਖ-) ਮੈਂ ਉਹਨਾਂ ਮਨੁੱਖਾਂ ਤੋਂ ਸਦਕੇ ਜਾਂਦਾ ਹਾਂ, ਜਿਨ੍ਹਾਂ ਨੇ ਪਰਮਾਤਮਾ (ਦੇ ਨਾਮ) ਨੂੰ ਆਪਣੇ ਹਿਰਦੇ ਵਿਚ ਵਸਾ ਰੱਖਿਆ ਹੈ ॥੮॥੧॥
27776	638	ਸੋਰਠਿ ਮਹਲਾ ੩ ਦੁਤੁਕੀ॥	ਦੁਤੁਕੀ:ਪੋਲਾ ਬੋਲੋ	Sorath Mehalaa 3 Dhuthukee ||	Sorat'h, Third Mehl, Du-Tukas:	
27777	638	ਨਿਗੁਣਿਆ ਨੋ ਆਪੇ ਬਖਸਿ ਲਏ ਭਾਈ ਸਤਿਗੁਰ ਕੀ ਸੇਵਾ ਲਾਇ॥		Niguniaa No Aapae Bakhas Leae Bhaaee Sathigur Kee Saevaa Laae ||	He Himself forgives the worthless, O Siblings of Destiny; He commits them to the service of the True Guru.	ਹੇ ਭਾਈ! ਗੁਣਾਂ ਤੋਂ ਸੱਖਣੇ ਜੀਵਾਂ ਨੂੰ ਸਤਿਗੁਰੂ ਦੀ ਸੇਵਾ ਵਿਚ ਲਾ ਕੇ ਪਰਮਾਤਮਾ ਆਪ ਹੀ ਬਖ਼ਸ਼ ਲੈਂਦਾ ਹੈ।

27778	638	ਸਤਿਗੁਰ ਕੀ ਸੇਵਾ ਊਤਮ ਹੈ ਭਾਈ ਰਾਮ ਨਾਮਿ ਚਿਤੁ ਲਾਇ॥੧॥		Sathigur Kee Saevaa Ootham Hai Bhaaee Raam Naam Chith Laae ||1||	Service to the True Guru is sublime, O Siblings of Destiny; through it, one's consciousness is attached to the Lord's Name. ||1||	ਹੇ ਭਾਈ! ਗੁਰੂ ਦੀ ਸ਼ਰਨ-ਸੇਵਾ ਬੜੀ ਸ੍ਰੇਸ਼ਟ ਹੈ, ਗੁਰੂ (ਸ਼ਰਨ ਪਏ ਮਨੁੱਖ ਦਾ) ਮਨ ਪਰਮਾਤਮਾ ਦੇ ਨਾਮ ਵਿਚ ਜੋੜ ਦੇਂਦਾ ਹੈ ॥੧॥
27779	638	ਹਰਿ ਜੀਉ ਆਪੇ ਬਖਸਿ ਮਿਲਾਇ॥		Har Jeeo Aapae Bakhas Milaae ||	The Dear Lord forgives, and unites with Himself.	ਹੇ ਭਾਈ! ਅਸੀਂ ਜੀਵ ਗੁਣਾਂ ਤੋਂ ਸੱਖਣੇ ਹਾਂ, ਵਿਕਾਰੀ ਹਾਂ।
27780	638	ਗੁਣ ਹੀਣ ਹਮ ਅਪਰਾਧੀ ਭਾਈ ਪੂਰੈ ਸਤਿਗੁਰਿ ਲਏ ਰਲਾਇ॥ਰਹਾਉ॥		Guneheen Ham Aparaadhhee Bhaaee Poorai Sathigur Leae Ralaae || Rehaao ||	I am a sinner, totally without virtue, O Siblings of Destiny; the Perfect True Guru has blended me. ||Pause||	ਪੂਰੇ ਗੁਰੂ ਨੇ (ਜਿਨ੍ਹਾਂ ਨੂੰ ਆਪਣੀ ਸੰਗਤਿ ਵਿਚ) ਰਲਾ ਲਿਆ ਹੈ, ਉਹਨਾਂ ਨੂੰ ਪਰਮਾਤਮਾ ਆਪ ਹੀ ਮੇਹਰ ਕਰ ਕੇ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ ਰਹਾਉ॥
27781	638	ਕਉਣ ਕਉਣ ਅਪਰਾਧੀ ਬਖਸਿਅਨੁ ਪਿਆਰੇ ਸਾਚੈ ਸਬਦਿ ਵੀਚਾਰਿ॥		Koun Koun Aparaadhhee Bakhasian Piaarae Saachai Sabadh Veechaar ||	So many, so many sinners have been forgiven, O beloved one, by contemplating the True Word of the Shabad.	ਹੇ ਪਿਆਰੇ! ਪਰਮਾਤਮਾ ਨੇ ਅਨੇਕਾਂ ਹੀ ਅਪਰਾਧੀਆਂ ਨੂੰ ਗੁਰੂ ਦੇ ਸੱਚੇ ਸ਼ਬਦ ਦੀ ਰਾਹੀਂ (ਆਤਮਕ ਜੀਵਨ ਦੀ) ਵਿਚਾਰ ਵਿਚ (ਜੋੜ ਕੇ) ਬਖ਼ਸ਼ਿਆ ਹੈ।

27782	638	ਭਉਜਲੁ ਪਾਰਿ ਉਤਾਰਿਅਨੁ ਭਾਈ ਸਤਿਗੁਰ ਬੇੜੈ ਚਾੜਿ॥੨॥	ਚਾੜ੍ਹਿ	Bhoujal Paar Outhaarian Bhaaee Sathigur Baerrai Chaarr ||2||	They got on board the boat of the True Guru, who carried them across the terrifying world-ocean, O Siblings of Destiny. ||2||	ਹੇ ਭਾਈ! ਗੁਰੂ ਦੇ (ਸ਼ਬਦ-) ਜਹਾਜ਼ ਵਿਚ ਚਾੜ੍ਹ ਕੇ ਉਸ ਪਰਮਾਤਮਾ ਨੇ (ਅਨੇਕਾਂ ਜੀਵਾਂ ਨੂੰ) ਸੰਸਾਰ-ਸਮੁੰਦਰ ਤੋਂ ਪਾਰ ਲੰਘਾਇਆ ਹੈ ॥੨॥
27783	638	ਮਨੂਰੈ ਤੇ ਕੰਚਨ ਭਏ ਭਾਈ ਗੁਰੁ ਪਾਰਸੁ ਮੇਲਿ ਮਿਲਾਇ॥	(ਮਨੂਰੈ) ਗਲਿਆ ਲੋਹਾ। (ਕੰਚਨ) ਸੋਨਾ	Manoorai Thae Kanchan Bheae Bhaaee Gur Paaras Mael Milaae ||	I have been transformed from rusty iron into gold, O Siblings of Destiny, united in Union with the Guru, the Philosopher's Stone.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਪਾਰਸ-ਗੁਰੂ (ਆਪਣੀ ਸੰਗਤਿ ਵਿਚ) ਮਿਲਾ ਕੇ (ਪ੍ਰਭੂ-ਚਰਨਾਂ ਵਿਚ) ਜੋੜ ਦੇਂਦਾ ਹੈ, ਉਹ ਮਨੁੱਖ ਸੜੇ ਹੋਏ ਲੋਹੇ ਤੋਂ ਸੋਨਾ ਬਣ ਜਾਂਦੇ ਹਨ।
27784	638	ਆਪੁ ਛੋਡਿ ਨਾਉ ਮਨਿ ਵਸਿਆ ਭਾਈ ਜੋਤੀ ਜੋਤਿ ਮਿਲਾਇ॥੩॥		Aap Shhodd Naao Man Vasiaa Bhaaee Jothee Joth Milaae ||3||	Eliminating my self-conceit, the Name has come to dwell within my mind, O Siblings of Destiny; my light has merged in the Light. ||3||	ਹੇ ਭਾਈ! ਆਪਾ-ਭਾਵ ਤਿਆਗ ਕੇ ਉਹਨਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ। ਗੁਰੂ ਉਹਨਾਂ ਦੀ ਸੁਰਤਿ ਨੂੰ ਪ੍ਰਭੂ ਦੀ ਜੋਤਿ ਵਿਚ ਮਿਲਾ ਦੇਂਦਾ ਹੈ ॥੩॥
27785	638	ਹਉ ਵਾਰੀ ਹਉ ਵਾਰਣੈ ਭਾਈ ਸਤਿਗੁਰ ਕਉ ਸਦ ਬਲਿਹਾਰੈ ਜਾਉ॥		Ho Vaaree Ho Vaaranai Bhaaee Sathigur Ko Sadh Balihaarai Jaao ||	I am a sacrifice, I am a sacrifice, O Siblings of Destiny, I am forever a sacrifice to my True Guru.	ਹੇ ਭਾਈ! ਮੈਂ ਕੁਰਬਾਨ ਜਾਂਦਾ ਹਾਂ, ਮੈਂ ਕੁਰਬਾਨ ਜਾਂਦਾ ਹਾਂ, ਮੈਂ ਗੁਰੂ ਤੋਂ ਸਦਾ ਹੀ ਕੁਰਬਾਨ ਜਾਂਦਾ ਹਾਂ,

27786	638	ਨਾਮੁ ਨਿਧਾਨੁ ਜਿਨਿ ਦਿਤਾ ਭਾਈ ਗੁਰਮਤਿ ਸਹਜਿ ਸਮਾਉ॥੪॥		Naam Nidhhaan Jin Dhithaa Bhaaee Guramath Sehaj Samaao ||4||	He has given me the treasure of the Naam; O Siblings of Destiny, through the Guru's Teachings, I am absorbed in celestial bliss. ||4||	ਜਿਸ ਗੁਰੂ ਨੇ (ਮੈਨੂੰ) ਪਰਮਾਤਮਾ ਦਾ ਨਾਮ-ਖ਼ਜ਼ਾਨਾ ਦਿੱਤਾ ਹੈ, ਉਸ ਗੁਰੂ ਦੀ ਮਤਿ ਲੈ ਕੇ ਮੈਂ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹਾਂ ॥੪॥
27787	638	ਗੁਰ ਬਿਨੁ ਸਹਜੁ ਨ ਊਪਜੈ ਭਾਈ ਪੂਛਹੁ ਗਿਆਨੀਆ ਜਾਇ॥		Gur Bin Sehaj N Oopajai Bhaaee Pooshhahu Giaaneeaa Jaae ||	Without the Guru, celestial peace is not produced, O Siblings of Destiny; go and ask the spiritual teachers about this.	ਹੇ ਭਾਈ! ਆਤਮਕ ਜੀਵਨ ਦੀ ਸੂਝ ਵਾਲੇ ਮਨੁੱਖਾਂ ਨੂੰ ਜਾ ਕੇ ਪੁੱਛ ਲਵੋ, (ਇਹੀ ਉੱਤਰ ਮਿਲੇਗਾ ਕਿ) ਗੁਰੂ ਦੀ ਸ਼ਰਨ ਪੈਣ ਤੋਂ ਬਿਨਾ (ਮਨੁੱਖ ਦੇ ਅੰਦਰ) ਆਤਮਕ ਅਡੋਲਤਾ ਪੈਦਾ ਨਹੀਂ ਹੋ ਸਕਦੀ।
27788	638	ਸਤਿਗੁਰ ਕੀ ਸੇਵਾ ਸਦਾ ਕਰਿ ਭਾਈ ਵਿਚਹੁ ਆਪੁ ਗਵਾਇ॥੫॥		Sathigur Kee Saevaa Sadhaa Kar Bhaaee Vichahu Aap Gavaae ||5||	Serve the True Guru forever, O Siblings of Destiny, and eradicate self-conceit from within. ||5||	(ਇਸ ਵਾਸਤੇ,) ਹੇ ਭਾਈ! ਤੂੰ ਭੀ (ਆਪਣੇ) ਅੰਦਰੋਂ ਆਪਾ-ਭਾਵ ਦੂਰ ਕਰ ਕੇ ਸਦਾ ਗੁਰੂ ਦੀ ਸੇਵਾ ਕਰਿਆ ਕਰ ॥੫॥

27789	638	ਗੁਰਮਤੀ ਭਉ ਊਪਜੈ ਭਾਈ ਭਉ ਕਰਣੀ ਸਚੁ ਸਾਰੁ॥		Guramathee Bho Oopajai Bhaaee Bho Karanee Sach Saar ||	Under Guru's Instruction, the Fear of God is produced, O Siblings of Destiny; true and excellent are the deeds done in the Fear of God.	ਹੇ ਭਾਈ! ਗੁਰੂ ਦੀ ਮਤਿ ਉਤੇ ਤੁਰਿਆਂ (ਮਨੁੱਖ ਦੇ ਅੰਦਰ ਪਰਮਾਤਮਾ ਵਾਸਤੇ) ਡਰ-ਅਦਬ ਪੈਦਾ ਹੁੰਦਾ ਹੈ। (ਆਪਣੇ ਅੰਦਰ) ਡਰ-ਅਦਬ (ਪੈਦਾ ਕਰਨਾ ਹੀ) ਕਰਨ-ਜੋਗ ਕੰਮ ਹੈ, ਇਹ ਕੰਮ ਸਦਾ-ਥਿਰ ਰਹਿਣ ਵਾਲਾ ਹੈ, ਇਹੀ ਕੰਮ (ਸਭ ਤੋਂ) ਸ੍ਰੇਸ਼ਟ ਹੈ।
27790	638	ਪ੍ਰੇਮ ਪਦਾਰਥੁ ਪਾਈਐ ਭਾਈ ਸਚੁ ਨਾਮੁ ਆਧਾਰੁ॥੬॥		Praem Padhaarathh Paaeeai Bhaaee Sach Naam Aadhhaar ||6||	Then, one is blessed with the treasure of the Lord's Love, O Siblings of Destiny, and the Support of the True Name. ||6||	ਹੇ ਭਾਈ! (ਇਸ ਡਰ-ਅਦਬ ਦੀ ਬਰਕਤਿ ਨਾਲ) ਪਰਮਾਤਮਾ ਦੇ ਪਿਆਰ ਦਾ ਕੀਮਤੀ ਧਨ ਲੱਭ ਪੈਂਦਾ ਹੈ, ਪਰਮਾਤਮਾ ਦਾ ਸਦਾ-ਥਿਰ ਨਾਮ (ਜ਼ਿੰਦਗੀ ਦਾ) ਆਸਰਾ ਬਣ ਜਾਂਦਾ ਹੈ ॥੬॥
27791	638	ਜੋ ਸਤਿਗੁਰੁ ਸੇਵਹਿ ਆਪਣਾ ਭਾਈ ਤਿਨ ਕੈ ਹਉ ਲਾਗਉ ਪਾਇ॥		Jo Sathigur Saevehi Aapanaa Bhaaee Thin Kai Ho Laago Paae ||	I fall at the feet of those who serve their True Guru, O Siblings of Destiny.	ਹੇ ਭਾਈ! ਜੇਹੜੇ ਮਨੁੱਖ ਆਪਣੇ ਗੁਰੂ ਦਾ ਆਸਰਾ ਲੈਂਦੇ ਹਨ, ਮੈਂ ਉਹਨਾਂ ਦੀ ਚਰਨੀਂ ਲੱਗਦਾ ਹਾਂ।
27792	638	ਜਨਮੁ ਸਵਾਰੀ ਆਪਣਾ ਭਾਈ ਕੁਲੁ ਭੀ ਲਈ ਬਖਸਾਇ॥੭॥		Janam Savaaree Aapanaa Bhaaee Kul Bhee Lee Bakhasaae ||7||	I have fulfilled my life, O Siblings of Destiny, and my family has been saved as well. ||7||	(ਇਸ ਤਰ੍ਹਾਂ) ਮੈਂ ਆਪਣਾ ਜੀਵਨ ਸੋਹਣਾ ਬਣਾ ਰਿਹਾ ਹਾਂ, ਮੈਂ ਆਪਣੇ ਸਾਰੇ ਖ਼ਾਨਦਾਨ ਵਾਸਤੇ ਭੀ ਪਰਮਾਤਮਾ ਦੀ ਬਖ਼ਸ਼ਸ਼ ਪ੍ਰਾਪਤ ਕਰ ਰਿਹਾ ਹਾਂ ॥੭॥

27793	638	ਸਚੁ ਬਾਣੀ ਸਚੁ ਸਬਦੁ ਹੈ ਭਾਈ ਗੁਰ ਕਿਰਪਾ ਤੇ ਹੋਇ॥		Sach Baanee Sach Sabadh Hai Bhaaee Gur Kirapaa Thae Hoe ||	The True Word of the Guru's Bani, and the True Word of the Shabad, O Siblings of Destiny, are obtained only by Guru's Grace.	ਹੇ ਭਾਈ! ਗੁਰੂ ਦੀ ਕਿਰਪਾ ਨਾਲ ਸਦਾ-ਥਿਰ ਹਰਿ-ਨਾਮ (ਹਿਰਦੇ ਵਿਚ ਆ ਵੱਸਦਾ) ਹੈ, ਸਿਫ਼ਤ-ਸਾਲਾਹ ਦੀ ਬਾਣੀ (ਹਿਰਦੇ ਵਿਚ ਆ ਵੱਸਦੀ) ਹੈ, ਸਿਫ਼ਤ-ਸਾਲਾਹ ਦਾ ਸ਼ਬਦ ਪ੍ਰਾਪਤ ਹੋ ਜਾਂਦਾ ਹੈ।
27794	638	ਨਾਨਕ ਨਾਮੁ ਹਰਿ ਮਨਿ ਵਸੈ ਭਾਈ ਤਿਸੁ ਬਿਘਨੁ ਨ ਲਾਗੈ ਕੋਇ॥੮॥੨॥		Naanak Naam Har Man Vasai Bhaaee This Bighan N Laagai Koe ||8||2||	O Nanak, with the Name of the Lord abiding in one's mind, no obstacles stand in one's way, O Siblings of Destiny. ||8||2||	ਹੇ ਨਾਨਕ! (ਆਖ-) ਹੇ ਭਾਈ! (ਗੁਰੂ ਦੀ ਕਿਰਪਾ ਨਾਲ) ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ, ਉਸ ਨੂੰ (ਜੀਵਨ-ਸਫ਼ਰ ਵਿਚ) ਕੋਈ ਔਕੜ ਨਹੀਂ ਵਾਪਰਦੀ ॥੮॥੨॥
27795	639	ਸੋਰਠਿ ਮਹਲਾ ੩॥		Sorath Mehalaa 3 ||	Sorat'h, Third Mehl:	
27796	639	ਹਰਿ ਜੀਉ ਸਬਦੇ ਜਾਪਦਾ ਭਾਈ ਪੂਰੈ ਭਾਗਿ ਮਿਲਾਇ॥		Har Jeeo Sabadhae Jaapadhaa Bhaaee Poorai Bhaag Milaae ||	The Dear Lord is realized through the Word of His Shabad, O Siblings of Destiny, which is found only by perfect destiny.	ਹੇ ਭਾਈ! ਗੁਰੂ ਦੇ ਸ਼ਬਦ ਦੀ ਰਾਹੀਂ ਹੀ ਪਰਮਾਤਮਾ ਨਾਲ ਜਾਣ-ਪਛਾਣ ਬਣਦੀ ਹੈ, ਪੂਰੀ ਕਿਸਮਤਿ ਨਾਲ (ਗੁਰੂ ਜੀਵ ਨੂੰ ਪਰਮਾਤਮਾ ਨਾਲ) ਮਿਲਾ ਦੇਂਦਾ ਹੈ।

27797	639	ਸਦਾ ਸੁਖੁ ਸੋਹਾਗਣੀ ਭਾਈ ਅਨ ਦਿਨੁ ਰਤੀਆ ਰੰਗੁ ਲਾਇ॥੧॥	ਰੱਤੀਆਂ	Sadhaa Sukh Sohaaganee Bhaaee Anadhin Ratheeaa Rang Laae ||1||	The happy soul-brides are forever in peace, O Siblings of Destiny; night and day, they are attuned to the Lord's Love. ||1||	ਹੇ ਭਾਈ! ਖਸਮ-ਪ੍ਰਭੂ ਨਾਲ ਪਿਆਰ ਕਰਨ ਵਾਲੀਆਂ ਜੀਵ-ਇਸਤ੍ਰੀਆਂ ਸਦਾ ਆਤਮਕ ਸੁਖ ਮਾਣਦੀਆਂ ਹਨ, ਪ੍ਰਭੂ ਨਾਲ ਪਿਆਰ ਪਾ ਕੇ ਉਹ ਹਰ ਵੇਲੇ ਉਸ ਦੇ ਪ੍ਰੇਮ-ਰੰਗ ਵਿਚ ਰੰਗੀਆਂ ਰਹਿੰਦੀਆਂ ਹਨ ॥੧॥
27798	639	ਹਰਿ ਜੀ ਤੂ ਆਪੇ ਰੰਗੁ ਚੜਾਇ॥	ਚੜ੍ਹਾਇ	Har Jee Thoo Aapae Rang Charraae ||	O Dear Lord, You Yourself color us in Your Love.	ਹੇ ਪ੍ਰਭੂ ਜੀ! ਤੂੰ ਆਪ ਹੀ (ਸਰਨ ਆਏ ਜੀਵਾਂ ਦੇ ਹਿਰਦੇ ਉਤੇ ਆਪਣੇ ਪਿਆਰ ਦਾ) ਰੰਗ ਚਾੜ੍ਹਦਾ ਹੈਂ।
27799	639	ਗਾਵਹੁ ਗਾਵਹੁ ਰੰਗਿ ਰਾਤਿਹੋ ਭਾਈ ਹਰਿ ਸੇਤੀ ਰੰਗੁ ਲਾਇ॥ਰਹਾਉ॥		Gaavahu Gaavahu Rang Raathiho Bhaaee Har Saethee Rang Laae || Rehaao ||	Sing, continually sing His Praises, imbued with His Love, O Siblings of Destiny; be in love with the Lord. ||Pause||	ਪ੍ਰਭੂ-ਪਿਆਰ ਦੇ ਰੰਗ ਵਿਚ ਰੰਗੇ ਹੋਏ ਹੇ ਭਰਾਵੋ! ਪਰਮਾਤਮਾ ਨਾਲ ਪਿਆਰ ਪਾ ਕੇ ਉਸ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਰਿਹਾ ਕਰੋ ਰਹਾਉ॥
27800	639	ਗੁਰ ਕੀ ਕਾਰ ਕਮਾਵਣੀ ਭਾਈ ਆਪੁ ਛੋਡਿ ਚਿਤੁ ਲਾਇ॥		Gur Kee Kaar Kamaavanee Bhaaee Aap Shhodd Chith Laae ||	Work to serve the Guru, O Siblings of Destiny; abandon self-conceit, and focus your consciousness.	ਹੇ ਭਾਈ! ਜੇਹੜੀ ਜੀਵ-ਇਸਤ੍ਰੀ ਆਪਾ-ਭਾਵ ਛੱਡ ਕੇ, ਤੇ, ਮਨ ਲਾ ਕੇ ਗੁਰੂ ਦੀ ਦੱਸੀ ਕਾਰ ਕਰਦੀ ਹੈ,

27801	639	ਸਦਾ ਸਹਜੁ ਫਿਰਿ ਦੁਖੁ ਨ ਲਗਈ ਭਾਈ ਹਰਿ ਆਪਿ ਵਸੈ ਮਨਿ ਆਇ॥੨॥		Sadhaa Sehaj Fir Dhukh N Lagee Bhaaee Har Aap Vasai Man Aae ||2||	You shall be in peace forever, and you shall not suffer in pain any longer, O Siblings of Destiny; the Lord Himself shall come and abide in your mind. ||2||	(ਉਸ ਦੇ ਅੰਦਰ) ਸਦਾ ਆਤਮਕ ਅਡੋਲਤਾ ਬਣੀ ਰਹਿੰਦੀ ਹੈ, ਉਸ ਨੂੰ ਕਦੇ ਦੁੱਖ ਪੋਹ ਨਹੀਂ ਸਕਦਾ, ਉਸ ਦੇ ਮਨ ਵਿਚ ਪਰਮਾਤਮਾ ਆਪ ਆ ਵੱਸਦਾ ਹੈ ॥੨॥
27802	639	ਪਿਰ ਕਾ ਹੁਕਮੁ ਨ ਜਾਣਈ ਭਾਈ ਸਾ ਕੁਲਖਣੀ ਕੁਨਾਰਿ॥	ਕੁ-ਲੱਖਣੀ	Pir Kaa Hukam N Jaanee Bhaaee Saa Kulakhanee Kunaar ||	She who does not know the Will of her Husband Lord, O Siblings of Destiny, is an ill-mannered and bitter bride.	ਹੇ ਭਾਈ! ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਦੀ ਰਜ਼ਾ ਨੂੰ ਨਹੀਂ ਸਮਝਦੀ, ਉਹ ਕੋਝੇ ਲੱਛਣਾਂ ਵਾਲੀ ਹੈ, ਚੰਦਰੀ ਹੈ।
27803	639	ਮਨ ਹਠਿ ਕਾਰ ਕਮਾਵਣੀ ਭਾਈ ਵਿਣੁ ਨਾਵੈ ਕੂੜਿਆਰਿ॥੩॥		Manehath Kaar Kamaavanee Bhaaee Vin Naavai Koorriaar ||3||	She does things with a stubborn mind, O Siblings of Destiny; without the Name, she is false. ||3||	(ਜੇ ਉਹ ਵਿਖਾਵੇ-ਮਾਤਰ) ਮਨ ਦੇ ਹਠ ਨਾਲ (ਗੁਰੂ ਦੀ ਦੱਸੀ) ਕਾਰ ਕਰਦੀ ਹੈ ਤਾਂ ਭੀ, ਹੇ ਭਾਈ! ਉਹ ਨਾਮ ਤੋਂ ਸੱਖਣੀ ਹੀ ਰਹਿੰਦੀ ਹੈ, ਉਹ ਝੂਠ ਦੀ ਹੀ ਵਣਜਾਰਨ ਬਣੀ ਰਹਿੰਦੀ ਹੈ ॥੩॥

27804	639	ਸੇ ਗਾਵਹਿ ਜਿਨ ਮਸਤਕਿ ਭਾਗੁ ਹੈ ਭਾਈ ਭਾਇ ਸਚੈ ਬੈਰਾਗੁ॥		Sae Gaavehi Jin Masathak Bhaag Hai Bhaaee Bhaae Sachai Bairaag ||	They alone sing the Lord's Praises, who have such pre-ordained destiny written upon their foreheads, O Siblings of Destiny; through the Love of the True Lord, they find detachment.	ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮੱਥੇ ਉਤੇ ਭਾਗ ਜਾਗ ਪੈਂਦਾ ਹੈ ਉਹ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਹਨ, ਸਦਾ-ਥਿਰ ਪ੍ਰਭੂ ਦੇ ਪ੍ਰੇਮ ਦੀ ਬਰਕਤਿ ਨਾਲ (ਉਹਨਾਂ ਦੇ ਅੰਦਰ ਦੁਨੀਆ ਦੇ ਮੋਹ ਵਲੋਂ) ਉਪਰਾਮਤਾ ਪੈਦਾ ਹੋ ਜਾਂਦੀ ਹੈ।
27805	639	ਅਨ ਦਿਨੁ ਰਾਤੇ ਗੁਣ ਰਵਹਿ ਭਾਈ ਨਿਰਭਉ ਗੁਰ ਲਿਵ ਲਾਗੁ॥੪॥	(ਰਵਹਿ) ਉਚਾਰਦੇ	Anadhin Raathae Gun Ravehi Bhaaee Nirabho Gur Liv Laag ||4||	Night and day, they are imbued with His Love; they utter His Glorious Praises, O Siblings of Destiny, and they lovingly focus their consciousness on the Fearless Guru. ||4||	ਹੇ ਭਾਈ! ਉਹ (ਪ੍ਰਭੂ-ਪ੍ਰੇਮ ਦੇ ਰੰਗ ਵਿਚ) ਰੰਗੇ ਹੋਏ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦੇ ਹਨ, ਉਹ ਨਿਡਰ ਰਹਿੰਦੇ ਹਨ, ਉਹਨਾਂ ਦੇ ਅੰਦਰ ਗੁਰੂ ਦੀ ਬਖ਼ਸ਼ੀ ਹੋਈ ਪ੍ਰਭੂ-ਚਰਨਾਂ ਦੀ ਲਗਨ ਬਣੀ ਰਹਿੰਦੀ ਹੈ ॥੪॥
27806	639	ਸਭਨਾ ਮਾਰਿ ਜੀਵਾਲਦਾ ਭਾਈ ਸੋ ਸੇਵਹੁ ਦਿਨੁ ਰਾਤਿ॥		Sabhanaa Maar Jeevaaladhaa Bhaaee So Saevahu Dhin Raath ||	He kills and revives all, O Siblings of Destiny; serve Him, day and night.	ਹੇ ਭਾਈ! ਦਿਨ ਰਾਤ ਉਸ ਪਰਮਾਤਮਾ ਦੀ ਸੇਵਾ-ਭਗਤੀ ਕਰਿਆ ਕਰੋ, ਜੋ ਸਭ ਜੀਵਾਂ ਨੂੰ ਮਾਰਦਾ ਹੈ ਤੇ ਜਿਵਾਂਦਾ ਹੈ।

27807	639	ਸੋ ਕਿਉ ਮਨਹੁ ਵਿਸਾਰੀਐ ਭਾਈ ਜਿਸ ਦੀ ਵਡੀ ਹੈ ਦਾਤਿ॥੫॥		So Kio Manahu Visaareeai Bhaaee Jis Dhee Vaddee Hai Dhaath ||5||	How can we forget Him from our minds, O Siblings of Destiny? His gifts are glorious and great. ||5||	ਹੇ ਭਾਈ! ਜਿਸ ਪਰਮਾਤਮਾ ਦੀ (ਜੀਵਾਂ ਉਤੇ ਕੀਤੀ ਹੋਈ) ਬਖ਼ਸ਼ਸ਼ ਬਹੁਤ ਵੱਡੀ ਹੈ, ਉਸ ਨੂੰ ਮਨ ਤੋਂ ਭੁਲਾਣਾ ਨਹੀਂ ਚਾਹੀਦਾ ॥੫॥
27808	639	ਮਨਮੁਖਿ ਮੈਲੀ ਡੁੰਮਣੀ ਭਾਈ ਦਰਗਹ ਨਾਹੀ ਥਾਉ॥	(ਡੁੰਮਣੀ) ਦੁਚਿੱਤੀ	Manamukh Mailee Ddunmanee Bhaaee Dharageh Naahee Thhaao ||	The self-willed manmukh is filthy and double-minded, O Siblings of Destiny; the finds no place of rest in the Court of the Lord.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਵਿਕਾਰਾਂ ਦੀ ਮੈਲ ਨਾਲ ਭਰੀ ਰਹਿੰਦੀ ਹੈ, ਉਸ ਦਾ ਮਨ ਸਦਾ ਡੋਲਦਾ ਰਹਿੰਦਾ ਹੈ (ਇਸ ਵਾਸਤੇ) ਉਸ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਥਾਂ ਨਹੀਂ ਮਿਲਦੀ।
27809	639	ਗੁਰਮੁਖਿ ਹੋਵੈ ਤ ਗੁਣ ਰਵੈ ਭਾਈ ਮਿਲਿ ਪ੍ਰੀਤਮ ਸਾਚਿ ਸਮਾਉ॥੬॥		Guramukh Hovai Th Gun Ravai Bhaaee Mil Preetham Saach Samaao ||6||	But if she becomes Gurmukh, then she chants the Glorious Praises of the Lord, O Siblings of Destiny; the meets her True Beloved, and merges in Him. ||6||	ਪਰ ਹੇ ਭਾਈ! ਜਦੋਂ ਉਹ ਗੁਰੂ ਦੀ ਸ਼ਰਨ ਆ ਪੈਂਦੀ ਹੈ, ਤਦੋਂ ਪਰਮਾਤਮਾ ਦੇ ਗੁਣ ਚੇਤੇ ਕਰਨ ਲੱਗ ਪੈਂਦੀ ਹੈ। ਪ੍ਰੀਤਮ-ਪ੍ਰਭੂ ਨੂੰ ਮਿਲ ਕੇ ਉਹ ਉਸ ਸਦਾ-ਥਿਰ ਵਿਚ ਲੀਨ ਹੋ ਜਾਂਦੀ ਹੈ ॥੬॥

27810	639	ਏਤੁ ਜਨਮਿ ਹਰਿ ਨ ਚੇਤਿਓ ਭਾਈ ਕਿਆ ਮੁਹੁ ਦੇਸੀ ਜਾਇ॥		Eaeth Janam Har N Chaethiou Bhaaee Kiaa Muhu Dhaesee Jaae ||	In this life, she has not focused her consciousness on the Lord, O Siblings of Destiny; how can she show her face when she leaves?	ਹੇ ਭਾਈ! ਜਿਸ ਨੇ ਇਸ ਮਨੁੱਖਾ ਜਨਮ ਵਿਚ ਪਰਮਾਤਮਾ ਨੂੰ ਯਾਦ ਨਾਹ ਕੀਤਾ ਉਹ (ਪਰਲੋਕ ਵਿਚ) ਜਾ ਕੇ ਕੀਹ ਮੂੰਹ ਵਿਖਾਏਗਾ? (ਸ਼ਰਮ-ਸਾਰ ਹੋਵੇਗਾ)।
27811	639	ਕਿੜੀ ਪਵੰਦੀ ਮੁਹਾਇਓਨੁ ਭਾਈ ਬਿਖਿਆ ਨੋ ਲੋਭਾਇ॥੭॥	(ਕਿੜੀ) ਅਵਾਜ਼ਾਂ (ਪਵੰਦੀ) ਪੈਂਦੀਆਂ। (ਮੁਹਾਇਓਨੁ) ਲੁਟਾ ਲਿਆ	Kirree Pavandhee Muhaaeioun Bhaaee Bikhiaa No Lobhaae ||7||	In spite of the warning calls which were sounded, she has been plundered, O Siblings of Destiny; she yearned only for corruption. ||7||	ਹੇ ਭਾਈ! ਮਾਇਆ ਦੀ ਖ਼ਾਤਰ ਲੋਭ ਵਿਚ ਫਸ ਕੇ, (ਸੁਚੇਤ ਰਹਿਣ ਦੀਆਂ) ਵਾਜਾਂ ਪੈਂਦਿਆਂ ਭੀ ਉਸ ਨੇ ਆਪਣਾ ਆਤਮਕ ਜੀਵਨ ਲੁਟਾ ਲਿਆ ॥੭॥
27812	639	ਨਾਮੁ ਸਮਾਲਹਿ ਸੁਖਿ ਵਸਹਿ ਭਾਈ ਸਦਾ ਸੁਖੁ ਸਾਂਤਿ ਸਰੀਰ॥		Naam Samaalehi Sukh Vasehi Bhaaee Sadhaa Sukh Saanth Sareer ||	Those who dwell upon the Naam, O Siblings of Destiny, their bodies are ever peaceful and tranquil.	ਹੇ ਭਾਈ! ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਂਦੇ ਹਨ, ਉਹ ਆਨੰਦ ਵਿਚ ਵੱਸਦੇ ਹਨ ਉਹਨਾਂ ਦੇ ਸਰੀਰ ਨੂੰ ਸੁਖ ਸ਼ਾਂਤੀ ਪ੍ਰਾਪਤ ਰਹਿੰਦੀ ਹੈ।
27813	639	ਨਾਨਕ ਨਾਮੁ ਸਮਾਲਿ ਤੂ ਭਾਈ ਅਪਰੰਪਰ ਗੁਣੀ ਗਹੀਰ॥੮॥੩॥	(ਅਪ-ਰੰਪਰ) ਬੇਅੰਤ	Naanak Naam Samaal Thoo Bhaaee Aparanpar Gunee Geheer ||8||3||	O Nanak, dwell upon the Naam; the Lord is infinite, virtuous and unfathomable, O Siblings of Destiny. ||8||3||	ਹੇ ਨਾਨਕ! (ਆਖ-) ਹੇ ਭਾਈ! ਤੂੰ ਉਸ ਪਰਮਾਤਮਾ ਦਾ ਨਾਮ ਹਿਰਦੇ ਵਿਚ ਵਸਾਈ ਰੱਖ, ਜੇਹੜਾ ਬਹੁਤ ਬੇਅੰਤ ਹੈ ਜੋ ਗੁਣਾਂ ਦਾ ਮਾਲਕ ਹੈ, ਜੋ ਵੱਡੇ ਜਿਗਰੇ ਵਾਲਾ ਹੈ ॥੮॥੩॥

27814	639	ਸੋਰਠਿ ਮਹਲਾ ੫ ਘਰੁ ੧ ਅਸਟਪਦੀਆ	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Sorath Mehalaa 5 Ghar 1 Asattapadheeaa	Sorat'h, Fifth Mehl, First House, Ashtapadees:	ਰਾਗ ਸੋਰਠਿ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
27815	639	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
27816	639	ਸਭੁ ਜਗੁ ਜਿਨਹਿ ਉਪਾਇਆ ਭਾਈ ਕਰਣ ਕਾਰਣ ਸਮਰਥੁ॥	ਸਮਰੱਥੁ	Sabh Jag Jinehi Oupaaeiaa Bhaaee Karan Kaaran Samarathh ||	The One who created the whole world, O Siblings of Destiny, is the Almighty Lord, the Cause of causes.	ਹੇ ਭਾਈ! ਜਿਸ ਪਰਮਾਤਮਾ ਨੇ ਆਪ ਹੀ ਸਾਰਾ ਜਗਤ ਪੈਦਾ ਕੀਤਾ ਹੈ, ਜੋ ਸਾਰੇ ਜਗਤ ਦਾ ਮੂਲ ਹੈ, ਜੋ ਸਾਰੀਆਂ ਤਾਕਤਾਂ ਦਾ ਮਾਲਕ ਹੈ,
27817	639	ਜੀਉ ਪਿੰਡੁ ਜਿਨਿ ਸਾਜਿਆ ਭਾਈ ਦੇ ਕਰਿ ਅਪਣੀ ਵਥੁ॥	ਵੱਥੁ	Jeeo Pindd Jin Saajiaa Bhaaee Dhae Kar Apanee Vathh ||	He fashioned the soul and the body, O Siblings of Destiny, by His own power.	ਜਿਸ ਨੇ ਆਪਣੀ ਸੱਤਿਆ ਦੇ ਕੇ (ਮਨੁੱਖ ਦਾ) ਜਿੰਦ ਤੇ ਸਰੀਰ ਪੈਦਾ ਕੀਤਾ ਹੈ, ਉਹ ਕਰਤਾਰ (ਤਾਂ) ਕਿਸੇ ਪਾਸੋਂ ਭੀ ਬਿਆਨ ਨਹੀਂ ਕੀਤਾ ਜਾ ਸਕਦਾ।
27818	639	ਕਿਨਿ ਕਹੀਐ ਕਿਉ ਦੇਖੀਐ ਭਾਈ ਕਰਤਾ ਏਕੁ ਅਕਥੁ॥	ਅ-ਕਥੁ:ਪੋਲਾ ਬੋਲੋ	Kin Keheeai Kio Dhaekheeai Bhaaee Karathaa Eaek Akathh ||	How can He be described? How can He be seen, O Siblings of Destiny? The Creator is One; He is indescribable.	ਹੇ ਭਾਈ! ਉਹ ਕਰਤਾਰ ਦਾ ਸਰੂਪ ਦਸਿਆ ਨਹੀਂ ਜਾ ਸਕਦਾ। ਉਸ ਨੂੰ ਕਿਵੇਂ ਵੇਖਿਆ ਜਾਏ?

27819	639	ਗੁਰੁ ਗੋਵਿੰਦੁ ਸਲਾਹੀਐ ਭਾਈ ਜਿਸ ਤੇ ਜਾਪੈ ਤਥੁ॥੧॥	(ਤਥੁ) ਅਸਲੀਅਤ	Gur Govindh Salaaheeai Bhaaee Jis Thae Jaapai Thathh ||1||	Praise the Guru, the Lord of the Universe, O Siblings of Destiny; through Him, the essence is known. ||1||	ਹੇ ਭਾਈ! ਗੋਬਿੰਦ ਦੇ ਰੂਪ ਗੁਰੂ ਦੀ ਸਿਫ਼ਤਿ ਕਰਨੀ ਚਾਹੀਦੀ ਹੈ, ਕਿਉਂਕਿ ਗੁਰੂ ਪਾਸੋਂ ਹੀ ਸਾਰੇ ਜਗਤ ਦੇ ਮੂਲ ਪਰਮਾਤਮਾ ਦੀ ਸੂਝ ਪੈ ਸਕਦੀ ਹੈ ॥੧॥
27820	639	ਮੇਰੇ ਮਨ ਜਪੀਐ ਹਰਿ ਭਗਵੰਤਾ॥		Maerae Man Japeeai Har Bhagavanthaa ||	O my mind, meditate on the Lord, the Lord God.	ਹੇ ਮੇਰੇ ਮਨ! (ਸਦਾ) ਹਰੀ ਭਗਵਾਨ ਦਾ ਨਾਮ ਜਪਣਾ ਚਾਹੀਦਾ ਹੈ।
27821	639	ਨਾਮ ਦਾਨੁ ਦੇਇ ਜਨ ਅਪਨੇ ਦੂਖ ਦਰਦ ਕਾ ਹੰਤਾ॥ਰਹਾਉ॥	(ਹੰਤਾ) ਨਾਸ ਕਰਨ ਵਾਲਾ	Naam Dhaan Dhaee Jan Apanae Dhookh Dharadh Kaa Hanthaa || Rehaao ||	He blesses His servant with the gift of the Naam; He is the Destroyer of pain and suffering. ||Pause||	ਉਹ ਭਗਵਾਨ ਆਪਣੇ ਸੇਵਕ ਨੂੰ ਆਪਣੇ ਨਾਮ ਦੀ ਦਾਤਿ ਦੇਂਦਾ ਹੈ। ਉਹ ਸਾਰੇ ਦੁੱਖਾਂ ਪੀੜਾਂ ਦਾ ਨਾਸ ਕਰਨ ਵਾਲਾ ਹੈ ਰਹਾਉ॥
27822	639	ਜਾ ਕੈ ਘਰਿ ਸਭੁ ਕਿਛੁ ਹੈ ਭਾਈ ਨਉ ਨਿਧਿ ਭਰੇ ਭੰਡਾਰ॥		Jaa Kai Ghar Sabh Kishh Hai Bhaaee No Nidhh Bharae Bhanddaar ||	Everything is in His home, O Siblings of Destiny; His warehouse is overflowing with the nine treasures.	ਹੇ ਭਾਈ! ਜਿਸ ਪ੍ਰਭੂ ਦੇ ਘਰ ਵਿਚ ਹਰੇਕ ਚੀਜ਼ ਮੌਜੂਦ ਹੈ, ਜਿਸ ਦੇ ਘਰ ਵਿਚ ਜਗਤ ਦੇ ਸਾਰੇ ਨੌ ਹੀ ਖ਼ਜ਼ਾਨੇ ਮੌਜੂਦ ਹਨ, ਜਿਸ ਦੇ ਘਰ ਵਿਚ ਭੰਡਾਰੇ ਭਰੇ ਪਏ ਹਨ,
27823	639	ਤਿਸ ਕੀ ਕੀਮਤਿ ਨਾ ਪਵੈ ਭਾਈ ਊਚਾ ਅਗਮ ਅਪਾਰ॥		This Kee Keemath Naa Pavai Bhaaee Oochaa Agam Apaar ||	His worth cannot be estimated, O Siblings of Destiny; He is lofty, inaccessible and infinite.	ਉਸ ਦਾ ਮੁੱਲ ਨਹੀਂ ਪੈ ਸਕਦਾ, ਉਹ ਸਭ ਤੋਂ ਉੱਚਾ ਹੈ, ਉਹ ਅਪਹੁੰਚ ਹੈ, ਉਹ ਬੇਅੰਤ ਹੈ।

27824	639	ਜੀਅ ਜੰਤ ਪ੍ਰਤਿਪਾਲਦਾ ਭਾਈ ਨਿਤ ਨਿਤ ਕਰਦਾ ਸਾਰ॥		Jeea Janth Prathipaaladhaa Bhaaee Nith Nith Karadhaa Saar ||	He cherishes all beings and creatures, O Siblings of Destiny; he continually takes care of them.	ਹੇ ਭਾਈ! ਉਹ ਪ੍ਰਭੂ ਸਾਰੇ ਜੀਵਾਂ ਦੀ ਪਾਲਣਾ ਕਰਦਾ ਹੈ, ਉਹ ਸਦਾ ਹੀ (ਸਭ ਜੀਵਾਂ ਦੀ) ਸੰਭਾਲ ਕਰਦਾ ਹੈ।
27825	639	ਸਤਿਗੁਰੁ ਪੂਰਾ ਭੇਟੀਐ ਭਾਈ ਸਬਦਿ ਮਿਲਾਵਣਹਾਰ॥੨॥		Sathigur Pooraa Bhaetteeai Bhaaee Sabadh Milaavanehaar ||2||	So meet with the Perfect True Guru, O Siblings of Destiny, and merge in the Word of the Shabad. ||2||	(ਉਸ ਦਾ ਦਰਸਨ ਕਰਨ ਲਈ) ਹੇ ਭਾਈ! ਪੂਰੇ ਗੁਰੂ ਨੂੰ ਮਿਲਣਾ ਚਾਹੀਦਾ ਹੈ, (ਗੁਰੂ ਹੀ ਆਪਣੇ) ਸ਼ਬਦ ਵਿਚ ਜੋੜ ਕੇ ਪਰਮਾਤਮਾ ਨਾਲ ਮਿਲਾ ਸਕਣ ਵਾਲਾ ਹੈ ॥੨॥
27826	639	ਸਚੇ ਚਰਣ ਸਰੇਵੀਅਹਿ ਭਾਈ ਭ੍ਰਮੁ ਭਉ ਹੋਵੈ ਨਾਸੁ॥	(ਸਰੇਵੀਅਹਿ) ਪੂਜੀਏ	Sachae Charan Saraeveeahi Bhaaee Bhram Bho Hovai Naas ||	Adoring the feet of the True Guru, O Siblings of Destiny, doubt and fear are dispelled.	ਹੇ ਭਾਈ! ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਚਰਨ ਹਿਰਦੇ ਵਿਚ ਵਸਾਈ ਰੱਖਣੇ ਚਾਹੀਦੇ ਹਨ, (ਇਸ ਤਰ੍ਹਾਂ ਮਨ ਦੀ) ਭਟਕਣਾ ਦਾ, (ਹਰੇਕ ਕਿਸਮ ਦੇ) ਡਰ ਦਾ ਨਾਸ ਹੋ ਜਾਂਦਾ ਹੈ।
27827	639	ਮਿਲਿ ਸੰਤ ਸਭਾ ਮਨੁ ਮਾਂਜੀਐ ਭਾਈ ਹਰਿ ਕੈ ਨਾਮਿ ਨਿਵਾਸੁ॥	ਸਭਾ:ਪੋਲਾ ਬੋਲੋ	Mil Santh Sabhaa Man Maanjeeai Bhaaee Har Kai Naam Nivaas ||	Joining the Society of the Saints, cleanse your mind, O Siblings of Destiny, and dwell in the Name of the Lord.	ਹੇ ਭਾਈ! ਸਾਧ ਸੰਗਤਿ ਵਿਚ ਮਿਲ ਕੇ ਮਨ ਨੂੰ ਸਾਫ਼ ਕਰਨਾ ਚਾਹੀਦਾ ਹੈ (ਇਸ ਤਰ੍ਹਾਂ) ਪਰਮਾਤਮਾ ਦੇ ਨਾਮ ਵਿਚ (ਮਨ ਦਾ) ਨਿਵਾਸ ਹੋ ਜਾਂਦਾ ਹੈ।

27828	639	ਮਿਟੈ ਅੰਧੇਰਾ ਅਗਿਆਨਤਾ ਭਾਈ ਕਮਲ ਹੋਵੈ ਪਰਗਾਸੁ॥		Mittai Andhhaeraa Agiaanathaa Bhaaee Kamal Hovai Paragaas ||	The darkness of ignorance shall be dispelled, O Siblings of Destiny, and the lotus of your heart shall blossom forth.	(ਸਾਧ ਸੰਗਤਿ ਦੀ ਬਰਕਤਿ ਨਾਲ) ਹੇ ਭਾਈ! ਆਤਮਕ ਜੀਵਨ ਵਲੋਂ ਬੇ-ਸਮਝੀ ਦਾ ਹਨੇਰਾ (ਮਨੁੱਖ ਦੇ ਅੰਦਰੋਂ) ਮਿਟ ਜਾਂਦਾ ਹੈ (ਹਿਰਦੇ ਦੇ) ਕੌਲ-ਫੁੱਲ ਦਾ ਖਿੜਾਉ ਹੋ ਜਾਂਦਾ ਹੈ।
27829	639	ਗੁਰ ਬਚਨੀ ਸੁਖੁ ਊਪਜੈ ਭਾਈ ਸਭਿ ਫਲ ਸਤਿਗੁਰ ਪਾਸਿ॥੩॥		Gur Bachanee Sukh Oopajai Bhaaee Sabh Fal Sathigur Paas ||3||	By the Guru's Word, peace wells up, O Siblings of Destiny; all fruits are with the True Guru. ||3||	ਹੇ ਭਾਈ! ਗੁਰੂ ਦੇ ਬਚਨਾਂ ਉੱਤੇ ਤੁਰਿਆਂ ਆਤਮਕ ਆਨੰਦ ਪੈਦਾ ਹੁੰਦਾ ਹੈ। ਸਾਰੇ ਫਲ ਗੁਰੂ ਦੇ ਕੋਲ ਹਨ ॥੩॥
27830	640	ਮੇਰਾ ਤੇਰਾ ਛੋਡੀਐ ਭਾਈ ਹੋਈਐ ਸਭ ਕੀ ਧੂਰਿ॥		Maeraa Thaeraa Shhoddeeai Bhaaee Hoeeai Sabh Kee Dhhoor ||	Give up your sense of mine and yours, O Siblings of Destiny, and become the dust of the feet of all.	ਹੇ ਭਾਈ! ਵਿਤਕਰਾ ਛੱਡ ਦੇਣਾ ਚਾਹੀਦਾ ਹੈ, ਸਭਨਾਂ ਦੇ ਚਰਨਾਂ ਦੀ ਧੂੜ ਬਣ ਜਾਣਾ ਚਾਹੀਦਾ ਹੈ।
27831	640	ਘਟਿ ਘਟਿ ਬ੍ਰਹਮੁ ਪਸਾਰਿਆ ਭਾਈ ਪੇਖੈ ਸੁਣੈ ਹਜੂਰਿ॥		Ghatt Ghatt Breham Pasaariaa Bhaaee Paekhai Sunai Hajoor ||	In each and every heart, God is contained, O Siblings of Destiny; He sees, and hears, and is ever-present with us.	ਹੇ ਭਾਈ! ਪਰਮਾਤਮਾ ਹਰੇਕ ਸਰੀਰ ਵਿਚ ਵੱਸ ਰਿਹਾ ਹੈ, ਉਹ ਸਭ ਦੇ ਅੰਗ-ਸੰਗ ਹੋ ਕੇ (ਸਭ ਦੇ ਕੰਮਾਂ ਨੂੰ) ਵੇਖਦਾ ਹੈ (ਸਭਨਾਂ ਦੀਆਂ ਗੱਲਾਂ) ਸੁਣਦਾ ਹੈ।

27832	640	ਜਿਤੁ ਦਿਨਿ ਵਿਸਰੈ ਪਾਰਬ੍ਰਹਮੁ ਭਾਈ ਤਿਤੁ ਦਿਨਿ ਮਰੀਐ ਝੂਰਿ॥		Jith Dhin Visarai Paarabreham Bhaaee Thith Dhin Mareeai Jhoor ||	On that day when one forgets the Supreme Lord God, O Siblings of Destiny, on that day, one ought to die crying out in pain.	ਹੇ ਭਾਈ! ਜਿਸ ਦਿਨ ਪਰਮਾਤਮਾ ਭੁੱਲ ਜਾਏ, ਉਸ ਦਿਨ ਦੁੱਖੀ ਹੋ ਹੋ ਕੇ ਆਤਮਕ ਮੌਤ ਸਹੇੜ ਲਈਦੀ ਹੈ।
27833	640	ਕਰਨ ਕਰਾਵਨ ਸਮਰਥੋ ਭਾਈ ਸਰਬ ਕਲਾ ਭਰਪੂਰਿ॥੪॥	ਸਮਰੱਥੋ	Karan Karaavan Samarathho Bhaaee Sarab Kalaa Bharapoor ||4||	He is the all-powerful Cause of Causes, O Siblings of Destiny; he is totally filled with all powers. ||4||	ਹੇ ਭਾਈ! (ਇਹ ਯਾਦ ਰੱਖੋ ਕਿ) ਪਰਮਾਤਮਾ ਸਭ ਕੁਝ ਕਰ ਸਕਣ ਵਾਲਾ ਅਤੇ (ਜੀਵਾਂ ਪਾਸੋਂ) ਕਰਾ ਸਕਣ ਵਾਲਾ ਹੈ। ਪਰਮਾਤਮਾ ਵਿਚ ਸਾਰੀਆਂ ਤਾਕਤਾਂ ਮੌਜੂਦ ਹਨ ॥੪॥
27834	640	ਪ੍ਰੇਮ ਪਦਾਰਥੁ ਨਾਮੁ ਹੈ ਭਾਈ ਮਾਇਆ ਮੋਹ ਬਿਨਾਸੁ॥		Praem Padhaarathh Naam Hai Bhaaee Maaeiaa Moh Binaas ||	The Love of the Name is the greatest treasure, O Siblings of Destiny; through it, emotional attachment to Maya is dispelled.	ਹੇ ਭਾਈ! (ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦੇ) ਪਿਆਰ ਦਾ ਕੀਮਤੀ ਧਨ ਮੌਜੂਦ ਹੈ, ਹਰਿ-ਨਾਮ ਮੌਜੂਦ ਹੈ (ਉਸ ਦੇ ਅੰਦਰੋਂ) ਮਾਇਆ ਦੇ ਮੋਹ ਦਾ ਨਾਸ ਹੋ ਜਾਂਦਾ ਹੈ।
27835	640	ਤਿਸੁ ਭਾਵੈ ਤਾ ਮੇਲਿ ਲਏ ਭਾਈ ਹਿਰਦੈ ਨਾਮ ਨਿਵਾਸੁ॥		This Bhaavai Thaa Mael Leae Bhaaee Hiradhai Naam Nivaas ||	If it is pleasing to His Will, then He unites us in His Union, O Siblings of Destiny; the Naam, the Name of the Lord, comes to abide in the mind.	ਹੇ ਭਾਈ! ਉਸ ਪਰਮਾਤਮਾ ਨੂੰ (ਜਦੋਂ) ਚੰਗਾ ਲੱਗੇ ਤਦੋਂ ਉਹ (ਜਿਸ ਨੂੰ ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈ (ਉਸ ਦੇ) ਹਿਰਦੇ ਵਿਚ ਉਸ ਪ੍ਰਭੂ ਦੇ ਨਾਮ ਦਾ ਨਿਵਾਸ ਹੋ ਜਾਂਦਾ ਹੈ।

27836	640	ਗੁਰਮੁਖਿ ਕਮਲੁ ਪ੍ਰਗਾਸੀਐ ਭਾਈ ਰਿਦੈ ਹੋਵੈ ਪਰਗਾਸੁ॥		Guramukh Kamal Pragaaseeai Bhaaee Ridhai Hovai Paragaas ||	The heart-lotus of the Gurmukh blossoms forth, O Siblings of Destiny, and the heart is illumined.	ਹੇ ਭਾਈ! ਗੁਰੂ ਦੇ ਸਨਮੁਖ ਹੋਇਆਂ (ਹਿਰਦੇ ਦਾ) ਕੌਲ-ਫੁੱਲ ਖਿੜ ਪੈਂਦਾ ਹੈ, ਹਿਰਦੇ ਵਿਚ (ਆਤਮਕ ਜੀਵਨ ਦੀ ਸੋਝੀ ਦਾ) ਚਾਨਣ ਹੋ ਜਾਂਦਾ ਹੈ।
27837	640	ਪ੍ਰਗਟੁ ਭਇਆ ਪਰਤਾਪੁ ਪ੍ਰਭ ਭਾਈ ਮਉਲਿਆ ਧਰਤਿ ਅਕਾਸੁ॥੫॥	ਮਉੱਲਿਆ ਕਸਕੇ	Pragatt Bhaeiaa Parathaap Prabh Bhaaee Mouliaa Dhharath Akaas ||5||	The Glory of God has been revealed, O Siblings of Destiny, and the earth and sky have blossomed forth. ||5||	ਹੇ ਭਾਈ! (ਗੁਰੂ ਦੀ ਸਰਨ ਪਿਆਂ ਮਨੁੱਖ ਦੇ ਅੰਦਰ) ਪਰਮਾਤਮਾ ਦੀ ਤਾਕਤ ਪਰਗਟ ਹੋ ਜਾਂਦੀ ਹੈ (ਮਨੁੱਖ ਨੂੰ ਸਮਝ ਆ ਜਾਂਦੀ ਹੈ ਕਿ ਪਰਮਾਤਮਾ ਬੇਅੰਤ ਤਾਕਤ ਦਾ ਮਾਲਕ ਹੈ, ਅਤੇ ਪ੍ਰਭੂ ਦੀ ਤਾਕਤ ਨਾਲ ਹੀ) ਧਰਤੀ ਖਿੜੀ ਹੋਈ ਹੈ, ਆਕਾਸ਼ ਖਿੜਿਆ ਹੋਇਆ ਹੈ ॥੫॥
27838	640	ਗੁਰਿ ਪੂਰੈ ਸੰਤੋਖਿਆ ਭਾਈ ਅਹਿ ਨਿਸਿ ਲਾਗਾ ਭਾਉ॥		Gur Poorai Santhokhiaa Bhaaee Ahinis Laagaa Bhaao ||	The Perfect Guru has blessed me with contentment, O Siblings of Destiny; day and night, I remain attached to the Lord's Love.	ਹੇ ਭਾਈ! ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਸੰਤੋਖ ਦੀ ਦਾਤਿ ਦੇ ਦਿੱਤੀ, (ਉਸ ਦੇ ਅੰਦਰ) ਦਿਨ ਰਾਤ (ਪ੍ਰਭੂ-ਚਰਨਾਂ ਦਾ) ਪਿਆਰ ਬਣਿਆ ਰਹਿੰਦਾ ਹੈ,

27839	640	ਰਸਨਾ ਰਾਮੁ ਰਵੈ ਸਦਾ ਭਾਈ ਸਾਚਾ ਸਾਦੁ ਸੁਆਉ॥	(ਸੁਆਉ) ਲਾਭ	Rasanaa Raam Ravai Sadhaa Bhaaee Saachaa Saadh Suaao ||	My tongue continually chants the Lord's Name, O Siblings of Destiny; this is the true taste, and the object of human life.	ਉਹ ਮਨੁੱਖ ਸਦਾ (ਆਪਣੀ) ਜੀਭ ਨਾਲ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ। (ਨਾਮ ਜਪਣ ਦਾ ਇਹ) ਸੁਆਦ (ਇਹ) ਨਿਸ਼ਾਨਾ (ਉਸ ਦੇ ਅੰਦਰ) ਸਦਾ ਕਾਇਮ ਰਹਿੰਦਾ ਹੈ।
27840	640	ਕਰਨੀ ਸੁਣਿ ਸੁਣਿ ਜੀਵਿਆ ਭਾਈ ਨਿਹਚਲੁ ਪਾਇਆ ਥਾਉ॥	(ਕਰਨੀ) ਕੰਨੀਂ	Karanee Sun Sun Jeeviaa Bhaaee Nihachal Paaeiaa Thhaao ||	Listening with my ears, I hear and so I live, O Siblings of Destiny; I have obtained the unchanging, unmoving state.	ਹੇ ਭਾਈ! ਉਹ ਮਨੁੱਖ ਆਪਣੇ ਕੰਨਾਂ ਨਾਲ (ਪਰਮਾਤਮਾ ਦੀ ਸਿਫ਼ਤ-ਸਾਲਾਹ) ਸੁਣ ਸੁਣ ਕੇ ਆਤਮਕ ਜੀਵਨ ਹਾਸਲ ਕਰਦਾ ਰਹਿੰਦਾ ਹੈ, ਉਹ ਪ੍ਰਭੂ-ਚਰਨਾਂ ਵਿਚ) ਅਟੱਲ ਥਾਂ ਪ੍ਰਾਪਤ ਕਰੀ ਰੱਖਦਾ ਹੈ।
27841	640	ਜਿਸੁ ਪਰਤੀਤਿ ਨ ਆਵਈ ਭਾਈ ਸੋ ਜੀਅੜਾ ਜਲਿ ਜਾਉ॥੬॥		Jis Paratheeth N Aavee Bhaaee So Jeearraa Jal Jaao ||6||	That soul,which does not place its faith in the Lord shall burn, O Siblings of Destiny. ||6||	ਪਰ, ਹੇ ਭਾਈ! ਜਿਸ ਮਨੁੱਖ ਨੂੰ (ਗੁਰੂ ਉਤੇ) ਇਤਬਾਰ ਨਹੀਂ ਬੱਝਦਾ ਉਸ ਦੀ (ਨਿਭਾਗੀ) ਜਿੰਦ (ਵਿਕਾਰਾਂ ਵਿਚ) ਸੜ ਜਾਂਦੀ ਹੈ (ਆਤਮਕ ਮੌਤ ਸਹੇੜ ਲੈਂਦੀ ਹੈ) ॥੬॥
27842	640	ਬਹੁ ਗੁਣ ਮੇਰੇ ਸਾਹਿਬੈ ਭਾਈ ਹਉ ਤਿਸ ਕੈ ਬਲਿ ਜਾਉ॥		Bahu Gun Maerae Saahibai Bhaaee Ho This Kai Bal Jaao ||	My Lord and Master has so many virtues, O Siblings of Destiny; I am a sacrifice to Him.	ਹੇ ਭਾਈ! ਮੇਰੇ ਮਾਲਕ-ਪ੍ਰਭੂ ਵਿਚ ਬੇਅੰਤ ਗੁਣ ਹਨ, ਮੈਂ ਉਸ ਤੋਂ ਸਦਕੇ-ਕੁਰਬਾਨ ਜਾਂਦਾ ਹਾਂ।

27843	640	ਓਹੁ ਨਿਰਗੁਣੀਆਰੇ ਪਾਲਦਾ ਭਾਈ ਦੇਇ ਨਿਥਾਵੇ ਥਾਉ॥	ਦੇਇ	Ouhu Niraguneeaarae Paaladhaa Bhaaee Dhaee Nithhaavae Thhaao ||	He nurtures even the most worthless, O Siblings of Destiny, and gives home to the homeless.	ਹੇ ਭਾਈ! ਉਹ ਮਾਲਕ ਗੁਣ-ਹੀਨ ਨੂੰ (ਭੀ) ਪਾਲਦਾ ਹੈ, ਉਹ ਨਿਆਸਰੇ ਮਨੁੱਖ ਨੂੰ ਸਹਾਰਾ ਦੇਂਦਾ ਹੈ।
27844	640	ਰਿਜਕੁ ਸੰਬਾਹੇ ਸਾਸਿ ਸਾਸਿ ਭਾਈ ਗੂੜਾ ਜਾ ਕਾ ਨਾਉ॥		Rijak Sanbaahae Saas Saas Bhaaee Goorraa Jaa Kaa Naao ||	He gives us nourishment with each and every breath, O Siblings of Destiny; His Name is everlasting.	ਉਹ ਮਾਲਕ ਹਰੇਕ ਸਾਹ ਦੇ ਨਾਲ ਰਿਜ਼ਕ ਅਪੜਾਂਦਾ ਹੈ, ਉਸ ਦਾ ਨਾਮ (ਸਿਮਰਨ ਕਰਨ ਵਾਲੇ ਦੇ ਮਨ ਉੱਤੇ ਪ੍ਰੇਮ ਦਾ) ਗੂੜ੍ਹਾ ਰੰਗ ਚਾੜ੍ਹ ਦੇਂਦਾ ਹੈ।
27845	640	ਜਿਸੁ ਗੁਰੁ ਸਾਚਾ ਭੇਟੀਐ ਭਾਈ ਪੂਰਾ ਤਿਸੁ ਕਰਮਾਉ॥੭॥	(ਭੇਟੀਐ) ਮਿਲਦੇ। (ਕਰਮਾਉ) ਭਾਗ	Jis Gur Saachaa Bhaetteeai Bhaaee Pooraa This Karamaao ||7||	One who meets with the True Guru, O Siblings of Destiny, does so only by perfect destiny. ||7||	ਹੇ ਭਾਈ! ਜਿਸ ਮਨੁੱਖ ਨੂੰ ਸੱਚਾ ਗੁਰੂ ਮਿਲ ਪੈਂਦਾ ਹੈ (ਉਸ ਨੂੰ ਪ੍ਰਭੂ ਮਿਲ ਪੈਂਦਾ ਹੈ) ਉਸ ਦੀ ਕਿਸਮਤ ਜਾਗ ਪੈਂਦੀ ਹੈ ॥੭॥
27846	640	ਤਿਸੁ ਬਿਨੁ ਘੜੀ ਨ ਜੀਵੀਐ ਭਾਈ ਸਰਬ ਕਲਾ ਭਰਪੂਰਿ॥		This Bin Gharree N Jeeveeai Bhaaee Sarab Kalaa Bharapoor ||	Without Him, I cannot live, even for an instant, O Siblings of Destiny; He is totally filled with all powers.	ਹੇ ਭਾਈ! ਉਹ ਪਰਮਾਤਮਾ ਸਾਰੀਆਂ ਤਾਕਤਾਂ ਨਾਲ ਭਰਪੂਰ ਹੈ, ਉਸ (ਦੀ ਯਾਦ) ਤੋਂ ਬਿਨਾ ਇਕ ਘੜੀ ਭਰ ਭੀ (ਮਨੁੱਖ ਦਾ) ਆਤਮਕ ਜੀਵਨ ਕਾਇਮ ਨਹੀਂ ਰਹਿ ਸਕਦਾ।

27847	640	ਸਾਸਿ ਗਿਰਾਸਿ ਨ ਵਿਸਰੈ ਭਾਈ ਪੇਖਉ ਸਦਾ ਹਜੂਰਿ॥		Saas Giraas N Visarai Bhaaee Paekho Sadhaa Hajoor ||	With every breath and morsel of food, I will not forget Him, O Siblings of Destiny; I behold Him ever-present.	ਹੇ ਭਾਈ! ਮੈਂ ਤਾਂ ਉਸ ਪਰਮਾਤਮਾ ਨੂੰ ਆਪਣੇ ਅੰਗ ਸੰਗ ਵੱਸਦਾ ਵੇਖਦਾ ਹਾਂ, ਮੈਨੂੰ ਉਹ ਖਾਂਦਿਆਂ ਸਾਹ ਲੈਂਦਿਆਂ ਕਦੇ ਭੀ ਨਹੀਂ ਭੁੱਲਦਾ।
27848	640	ਸਾਧੂਸੰਗਿ ਮਿਲਾਇਆ ਭਾਈ ਸਰਬ ਰਹਿਆ ਭਰਪੂਰਿ॥		Saadhhoo Sang Milaaeiaa Bhaaee Sarab Rehiaa Bharapoor ||	In the Saadh Sangat, the Company of the Holy, I meet Him, O Siblings of Destiny; He is totally pervading and permeating everywhere.	ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਨੇ ਗੁਰੂ ਦੀ ਸੰਗਤਿ ਵਿਚ ਮਿਲਾ ਦਿੱਤਾ, ਉਸ ਨੂੰ ਉਹ ਪਰਮਾਤਮਾ ਸਭ ਥਾਂ ਮੌਜੂਦ ਦਿੱਸਣ ਲੱਗ ਪੈਂਦਾ ਹੈ।
27849	640	ਜਿਨਾ ਪ੍ਰੀਤਿ ਨ ਲਗੀਆ ਭਾਈ ਸੇ ਨਿਤ ਨਿਤ ਮਰਦੇ ਝੂਰਿ॥੮॥		Jinaa Preeth N Lageeaa Bhaaee Sae Nith Nith Maradhae Jhoor ||8||	Those who do not embrace love for the Lord, O Siblings of Destiny, always die crying out in pain. ||8||	ਪਰ, ਹੇ ਭਾਈ! ਜਿਨ੍ਹਾਂ ਦੇ ਅੰਦਰ ਪਰਮਾਤਮਾ ਦਾ ਪਿਆਰ ਪੈਦਾ ਨਹੀਂ ਹੁੰਦਾ, ਉਹ ਸਦਾ ਚਿੰਤਾਤੁਰ ਹੋ ਹੋ ਕੇ ਆਤਮਕ ਮੌਤ ਸਹੇੜਦੇ ਰਹਿੰਦੇ ਹਨ ॥੮॥
27850	640	ਅੰਚਲਿ ਲਾਇ ਤਰਾਇਆ ਭਾਈ ਭਉਜਲੁ ਦੁਖੁ ਸੰਸਾਰੁ॥		Anchal Laae Tharaaeiaa Bhaaee Bhoujal Dhukh Sansaar ||	Grasping hold of the hem of His robe, O Siblings of Destiny, we are carried across the world-ocean of fear and pain.	ਹੇ ਭਾਈ! (ਸਰਨ ਪਏ ਮਨੁੱਖ ਨੂੰ) ਆਪਣੇ ਪੱਲੇ ਲਾ ਕੇ ਪਰਮਾਤਮਾ ਆਪ ਇਸ ਦੁੱਖ-ਰੂਪ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ।

27851	640	ਕਰਿ ਕਿਰਪਾ ਨਦਰਿ ਨਿਹਾਲਿਆ ਭਾਈ ਕੀਤੋਨੁ ਅੰਗੁ ਅਪਾਰੁ॥		Kar Kirapaa Nadhar Nihaaliaa Bhaaee Keethon Ang Apaar ||	By His Glance of Grace, He has blessed us, O Siblings of Destiny; He shall be with us until the very end.	ਪਭੂ (ਉਸ ਉਤੇ) ਕਿਰਪਾ ਕਰ ਕੇ (ਉਸ ਨੂੰ) ਮੇਹਰ ਦੀ ਨਿਗਾਹ ਨਾਲ ਵੇਖਦਾ ਹੈ, ਉਸ ਦਾ ਬੇਅੰਤ ਪੱਖ ਕਰਦਾ ਹੈ।
27852	640	ਮਨੁ ਤਨੁ ਸੀਤਲੁ ਹੋਇਆ ਭਾਈ ਭੋਜਨੁ ਨਾਮ ਅਧਾਰੁ॥		Man Than Seethal Hoeiaa Bhaaee Bhojan Naam Adhhaar ||	My mind and body are soothed and calmed, O Siblings of Destiny, nourished by the food of the Naam.	ਹੇ ਭਾਈ! ਉਸ ਮਨੁੱਖ ਦਾ ਮਨ ਠੰਢਾ ਹੋ ਜਾਂਦਾ ਹੈ, ਸਰੀਰ ਸ਼ਾਂਤ ਹੋ ਜਾਂਦਾ ਹੈ, ਉਹ (ਆਪਣੇ ਆਤਮਕ ਜੀਵਨ ਵਾਸਤੇ) ਨਾਮ ਦੀ ਖ਼ੁਰਾਕ (ਖਾਂਦਾ ਹੈ), ਨਾਮ ਦਾ ਸਹਾਰਾ ਲੈਂਦਾ ਹੈ।
27853	640	ਨਾਨਕ ਤਿਸੁ ਸਰਣਾਗਤੀ ਭਾਈ ਜਿ ਕਿਲਬਿਖ ਕਾਟਣਹਾਰੁ॥੯॥੧॥		Naanak This Saranaagathee Bhaaee J Kilabikh Kaattanehaar ||9||1||	Nanak has entered His Sanctuary, O Siblings of Destiny; the Lord is the Destroyer of sins. ||9||1||	ਹੇ ਨਾਨਕ! (ਆਖ-) ਹੇ ਭਾਈ! ਉਸ ਪਰਮਾਤਮਾ ਦੀ ਸਰਨ ਪਵੋ, ਜੋ ਸਾਰੇ ਪਾਪ ਕੱਟ ਸਕਦਾ ਹੈ ॥੯॥੧॥
27854	640	ਸੋਰਠਿ ਮਹਲਾ ੫॥		Sorath Mehalaa 5 ||	Sorat'h, Fifth Mehl:	

27855	640	ਮਾਤ ਗਰਭ ਦੁਖ ਸਾਗਰੋ ਪਿਆਰੇ ਤਹ ਅਪਣਾ ਨਾਮੁ ਜਪਾਇਆ॥		Maath Garabh Dhukh Saagaro Piaarae Theh Apanaa Naam Japaaeiaa ||	The womb of the mother is an ocean of pain, O Beloved; even there, the Lord causes His Name to be chanted.	ਹੇ ਪਿਆਰੇ (ਭਾਈ)! ਮਾਂ ਦਾ ਪੇਟ ਦੁੱਖਾਂ ਦਾ ਸਮੁੰਦਰ ਹੈ, ਉਥੇ (ਪ੍ਰਭੂ ਨੇ ਜੀਵ ਪਾਸੋਂ) ਆਪਣੇ ਨਾਮ ਦਾ ਸਿਮਰਨ ਕਰਾਇਆ (ਤੇ, ਇਸ ਨੂੰ ਦੁੱਖਾਂ ਤੋਂ ਬਚਾਈ ਰੱਖਿਆ)।
27856	640	ਬਾਹਰਿ ਕਾਢਿ ਬਿਖੁ ਪਸਰੀਆ ਪਿਆਰੇ ਮਾਇਆ ਮੋਹੁ ਵਧਾਇਆ॥		Baahar Kaadt Bikh Pasareeaa Piaarae Maaeiaa Mohu Vadhhaaeiaa ||	When he emerges, he finds corruption pervading everywhere, O Beloved, and he becomes increasingly attached to Maya.	ਮਾਂ ਦੇ ਪੇਟ ਵਿਚੋਂ ਕੱਢ ਕੇ (ਜਨਮ ਦੇ ਕੇ, ਪ੍ਰਭੂ ਨੇ ਜੀਵ ਵਾਸਤੇ, ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲੀ ਮਾਇਆ ਦੇ ਮੋਹ ਦੀ) ਜ਼ਹਰ ਖਿਲਾਰ ਰੱਖੀ (ਤੇ, ਇਸ ਤਰ੍ਹਾਂ ਜੀਵ ਦੇ ਹਿਰਦੇ ਵਿਚ) ਮਾਇਆ ਦਾ ਮੋਹ ਵਧਾ ਦਿੱਤਾ।
27857	640	ਜਿਸ ਨੋ ਕੀਤੋ ਕਰਮੁ ਆਪਿ ਪਿਆਰੇ ਤਿਸੁ ਪੂਰਾ ਗੁਰੂ ਮਿਲਾਇਆ॥		Jis No Keetho Karam Aap Piaarae This Pooraa Guroo Milaaeiaa ||	One whom the Lord blesses with His kind favor, O Beloved, meets the Perfect Guru.	ਹੇ ਭਾਈ! ਜਿਸ ਮਨੁੱਖ ਉੱਤੇ ਆਪ ਪ੍ਰਭੂ ਮੇਹਰ ਕਰਦਾ ਹੈ, ਉਸ ਨੂੰ ਪੂਰਾ ਗੁਰੂ ਮਿਲਾਂਦਾ ਹੈ।
27858	640	ਸੋ ਆਰਾਧੇ ਸਾਸਿ ਸਾਸਿ ਪਿਆਰੇ ਰਾਮ ਨਾਮ ਲਿਵ ਲਾਇਆ॥੧॥		So Aaraadhhae Saas Saas Piaarae Raam Naam Liv Laaeiaa ||1||	He worships the Lord in adoration with each and every breath, O Beloved; he is lovingly attached to the Lord's Name. ||1||	ਉਹ ਮਨੁੱਖ ਹਰੇਕ ਸਾਹ ਦੇ ਨਾਲ ਪਰਮਾਤਮਾ ਦਾ ਸਿਮਰਨ ਕਰਦਾ ਹੈ, ਤੇ, ਪਰਮਾਤਮਾ ਦੇ ਨਾਮ ਦੀ ਲਗਨ (ਆਪਣੇ ਅੰਦਰ) ਬਣਾਈ ਰੱਖਦਾ ਹੈ ॥੧॥

27859	640	ਮਨਿ ਤਨਿ ਤੇਰੀ ਟੇਕ ਹੈ ਪਿਆਰੇ ਮਨਿ ਤਨਿ ਤੇਰੀ ਟੇਕ॥		Man Than Thaeree Ttaek Hai Piaarae Man Than Thaeree Ttaek ||	You are the support of my mind and body, O Beloved; You are the support of my mind and body.	ਹੇ ਪਿਆਰੇ ਪ੍ਰਭੂ! (ਮੇਰੇ) ਮਨ ਵਿਚ (ਮੇਰੇ) ਹਿਰਦੇ ਵਿਚ ਸਦਾ ਤੇਰਾ ਹੀ ਆਸਰਾ ਹੈ (ਤੂੰ ਹੀ ਮਾਇਆ ਦੇ ਮੋਹ ਤੋਂ ਬਚਾਣ ਵਾਲਾ ਹੈਂ)।
27860	640	ਤੁਧੁ ਬਿਨੁ ਅਵਰੁ ਨ ਕਰਨਹਾਰੁ ਪਿਆਰੇ ਅੰਤਰਜਾਮੀ ਏਕ॥ਰਹਾਉ॥		Thudhh Bin Avar N Karanehaar Piaarae Antharajaamee Eaek || Rehaao ||	There is no other Creator except for You, O Beloved; You alone are the Inner-knower, the Searcher of hearts. ||Pause||	ਹੇ ਪਿਆਰੇ ਪ੍ਰਭੂ! ਤੂੰ ਹੀ ਸਭ ਦੇ ਦਿਲ ਦੀ ਜਾਣਨ ਵਾਲਾ ਹੈਂ। ਤੈਥੋਂ ਬਿਨਾ ਹੋਰ ਕੋਈ ਨਹੀਂ ਜੋ ਸਭ ਕੁਝ ਕਰਨ ਦੀ ਸਮਰਥਾ ਵਾਲਾ ਹੋਵੇ ਰਹਾਉ॥
27861	640	ਕੋਟਿ ਜਨਮ ਭ੍ਰਮਿ ਆਇਆ ਪਿਆਰੇ ਅਨਿਕ ਜੋਨਿ ਦੁਖੁ ਪਾਇ॥		Kott Janam Bhram Aaeiaa Piaarae Anik Jon Dhukh Paae ||	After wandering in doubt for millions of incarnations, he comes into the world, O Beloved; for uncounted lifetimes, he has suffered in pain.	ਹੇ ਭਾਈ! ਅਨੇਕਾਂ ਜੂਨਾਂ ਦੇ ਦੁੱਖ ਸਹਾਰ ਕੇ, ਕ੍ਰੋੜਾਂ ਜਨਮਾਂ ਵਿਚ ਭਟਕ ਕੇ (ਜੀਵ ਮਨੁੱਖਾ ਜਨਮ ਵਿਚ) ਆਉਂਦਾ ਹੈ,
27862	640	ਸਾਚਾ ਸਾਹਿਬੁ ਵਿਸਰਿਆ ਪਿਆਰੇ ਬਹੁਤੀ ਮਿਲੈ ਸਜਾਇ॥		Saachaa Saahib Visariaa Piaarae Bahuthee Milai Sajaae ||	He has forgotten his True Lord and Master, O Beloved, and so he suffers terrible punishment.	(ਪਰ ਇੱਥੇ ਇਸ ਨੂੰ) ਸਦਾ ਕਾਇਮ ਰਹਿਣ ਵਾਲਾ ਮਾਲਕ ਭੁੱਲ ਜਾਂਦਾ ਹੈ, ਤੇ, ਇਸ ਨੂੰ ਬੜੀ ਸਜ਼ਾ ਮਿਲਦੀ ਹੈ।

27863	640	ਜਿਨ ਭੇਟੈ ਪੂਰਾ ਸਤਿਗੁਰੂ ਪਿਆਰੇ ਸੇ ਲਾਗੇ ਸਾਚੈ ਨਾਇ॥		Jin Bhaettai Pooraa Sathiguroo Piaarae Sae Laagae Saachai Naae ||	Those who meet with the Perfect True Guru, O Beloved, are attached to the True Name.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, ਉਹ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਸੁਰਤਿ ਜੋੜਦੇ ਹਨ।
27864	641	ਤਿਨਾ ਪਿਛੈ ਛੁਟੀਐ ਪਿਆਰੇ ਜੋ ਸਾਚੀ ਸਰਣਾਇ॥੨॥		Thinaa Pishhai Shhutteeai Piaarae Jo Saachee Saranaae ||2||	We are saved by following those, O Beloved, who seek the Sanctuary of the True Lord. ||2||	ਹੇ ਭਾਈ! ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ ਦੀ ਸਰਨ ਪਏ ਰਹਿੰਦੇ ਹਨ, ਉਹਨਾਂ ਦੇ ਪੂਰਨਿਆਂ ਤੇ ਤੁਰ ਕੇ (ਮਾਇਆ ਦੇ ਮੋਹ ਦੀ ਜ਼ਹਿਰ ਤੋਂ) ਬਚ ਜਾਈਦਾ ਹੈ ॥੨॥
27865	641	ਮਿਠਾ ਕਰਿ ਕੈ ਖਾਇਆ ਪਿਆਰੇ ਤਿਨਿ ਤਨਿ ਕੀਤਾ ਰੋਗੁ॥	ਮਿੱਠਾ	Mithaa Kar Kai Khaaeiaa Piaarae Thin Than Keethaa Rog ||	He thinks that his food is so sweet, O Beloved, but it makes his body ill.	ਹੇ ਭਾਈ! ਮਨੁੱਖ ਨੇ (ਸਾਰੀ ਉਮਰ ਦੁਨੀਆ ਦੇ ਪਦਾਰਥਾਂ ਨੂੰ) ਮਿੱਠੇ ਮੰਨ ਕੇ ਖਾਧਾ, ਉਸ ਮਿੱਠੇ ਨੇ (ਉਸ ਦੇ) ਸਰੀਰ ਵਿਚ ਰੋਗ ਪੈਦਾ ਕਰ ਦਿੱਤਾ।
27866	641	ਕਉੜਾ ਹੋਇ ਪਤਿਸਟਿਆ ਪਿਆਰੇ ਤਿਸ ਤੇ ਉਪਜਿਆ ਸੋਗੁ॥	(ਪ-ਤਿਸਟਿਆ)ਫ਼ੈਲਿਆ	Kourraa Hoe Pathisattiaa Piaarae This Thae Oupajiaa Sog ||	It turns out to be bitter, O Beloved, and it produces only sadness.	ਉਹ ਰੋਗ ਦੁਖਦਾਈ ਹੋ ਕੇ ਸਰੀਰ ਵਿਚ ਪੱਕਾ ਟਿਕ ਜਾਂਦਾ ਹੈ ਉਸ (ਰੋਗ) ਤੋਂ ਚਿੰਤਾ-ਗ਼ਮ ਪੈਦਾ ਹੁੰਦੀ ਹੈ।

27867	641	ਭੋਗ ਭੁੰਚਾਇ ਭੁਲਾਇਅਨੁ ਪਿਆਰੇ ਉਤਰੈ ਨਹੀ ਵਿਜੋਗੁ॥	(ਭੁੰਚਾਇ) ਖਵਾ ਕੇ। (ਵਿਜੋਗੁ) ਵਿਛੋੜਾ	Bhog Bhunchaae Bhulaaeian Piaarae Outharai Nehee Vijog ||	The Lord leads him astray in the enjoyment of pleasures, O Beloved, and so his sense of separation does not depart.	ਦੁਨੀਆ ਦੇ ਪਦਾਰਥ ਖਵਾ ਖਵਾ ਕੇ ਉਸ ਪਰਮਾਤਮਾ ਨੇ (ਆਪ ਹੀ ਜੀਵ ਨੂੰ) ਕੁਰਾਹੇ ਪਾ ਰੱਖਿਆ ਹੈ। (ਪਰਮਾਤਮਾ ਨਾਲੋਂ ਜੀਵ ਦਾ) ਵਿਛੋੜ ਮੁੱਕਣ ਵਿਚ ਨਹੀਂ ਆਉਂਦਾ।
27868	641	ਜੋ ਗੁਰ ਮੇਲਿ ਉਧਾਰਿਆ ਪਿਆਰੇ ਤਿਨ ਧੁਰੇ ਪਇਆ ਸੰਜੋਗੁ॥੩॥		Jo Gur Mael Oudhhaariaa Piaarae Thin Dhhurae Paeiaa Sanjog ||3||	Those who meet the Guru are saved, O Beloved; this is their pre-ordained destiny. ||3||	ਜਿਨ੍ਹਾਂ ਜੀਵਾਂ ਨੂੰ ਗੁਰੂ ਨਾਲ ਮਿਲਾ ਕੇ ਪ੍ਰਭੂ ਨੇ (ਪਦਾਰਥਾਂ ਦੇ ਭੋਗਾਂ ਤੋਂ) ਬਚਾ ਲਿਆ, ਧੁਰੋਂ ਲਿਖੇ ਅਨੁਸਾਰ ਉਹਨਾਂ ਦਾ (ਪਰਮਾਤਮਾ ਨਾਲ) ਮਿਲਾਪ ਹੋ ਗਿਆ ॥੩॥
27869	641	ਮਾਇਆ ਲਾਲਚਿ ਅਟਿਆ ਪਿਆਰੇ ਚਿਤਿ ਨ ਆਵਹਿ ਮੂਲਿ॥	(ਅੱਟਿਆ) ਭਰਿਆ	Maaeiaa Laalach Attiaa Piaarae Chith N Aavehi Mool ||	He is filled with longing for Maya, O Beloved, and so the Lord does not ever come into his mind.	ਹੇ ਪਿਆਰੇ ਪ੍ਰਭੂ! ਜੇਹੜੇ ਮਨੁੱਖ (ਸਦਾ) ਮਾਇਆ ਦੇ ਲਾਲਚ ਵਿਚ ਫਸੇ ਰਹਿੰਦੇ ਹਨ, ਉਹਨਾਂ ਦੇ ਚਿੱਤ ਵਿਚ ਤੂੰ ਉੱਕਾ ਹੀ ਨਹੀਂ ਵੱਸਦਾ।
27870	641	ਜਿਨ ਤੂ ਵਿਸਰਹਿ ਪਾਰਬ੍ਰਹਮ ਸੁਆਮੀ ਸੇ ਤਨ ਹੋਏ ਧੂੜਿ॥		Jin Thoo Visarehi Paarabreham Suaamee Sae Than Hoeae Dhhoorr ||	Those who forget You, O Supreme Lord Master, their bodies turn to dust.	ਹੇ ਮਾਲਕ ਪ੍ਰਭੂ! ਜਿਨ੍ਹਾਂ ਨੂੰ ਤੇਰੀ ਯਾਦ ਭੁੱਲ ਜਾਂਦੀ ਹੈ ਉਹ ਸਰੀਰ (ਆਤਮਕ ਜੀਵਨ ਦੀ ਪੂੰਜੀ ਬਣਾਣ ਤੋਂ ਬਿਨਾ ਹੀ) ਮਿੱਟੀ ਹੋ ਜਾਂਦੇ ਹਨ।

27871	641	ਬਿਲਲਾਟ ਕਰਹਿ ਬਹੁਤੇਰਿਆ ਪਿਆਰੇ ਉਤਰੈ ਨਾਹੀ ਸੂਲੁ॥	(ਬਿਲਲਾਟ) ਵਰਲਾਪ। (ਸੂਲੁ) ਦੁੱਖ	Bilalaatt Karehi Bahuthaeriaa Piaarae Outharai Naahee Sool ||	They cry out and scream horribly, O Beloved, but their torment does not end.	(ਮਾਇਆ ਦੇ ਮੋਹ ਕਾਰਨ ਦੁੱਖੀ ਹੋ ਹੋ ਕੇ) ਉਹ ਬਥੇਰੇ ਵਿਲਕਦੇ ਹਨ, ਪਰ ਉਹਨਾਂ ਦੇ ਅੰਦਰ ਦਾ ਉਹ ਦੁੱਖ ਦੂਰ ਨਹੀਂ ਹੁੰਦਾ।
27872	641	ਜੋ ਗੁਰ ਮੇਲਿ ਸਵਾਰਿਆ ਪਿਆਰੇ ਤਿਨ ਕਾ ਰਹਿਆ ਮੂਲੁ॥੪॥		Jo Gur Mael Savaariaa Piaarae Thin Kaa Rehiaa Mool ||4||	Those who meet the Guru, and reform themselves, O Beloved, their capital remains intact. ||4||	ਹੇ ਭਾਈ! ਗੁਰੂ ਨਾਲ ਮਿਲਾ ਕੇ ਜਿਨ੍ਹਾਂ ਦਾ ਜੀਵਨ ਪਰਮਾਤਮਾ ਸੋਹਣਾ ਬਣਾ ਦੇਂਦਾ ਹੈ, ਉਹਨਾਂ ਦਾ ਆਤਮਕ ਜੀਵਨ ਦਾ ਸਰਮਾਇਆ ਬਚਿਆ ਰਹਿੰਦਾ ਹੈ ॥੪॥
27873	641	ਸਾਕਤ ਸੰਗੁ ਨ ਕੀਜਈ ਪਿਆਰੇ ਜੇ ਕਾ ਪਾਰਿ ਵਸਾਇ॥	(ਜੇ ਕਾ ਪਾਰਿ) ਜਿੱਥੋਂ ਤੱਕ (ਵਸਾਇ) ਵੱਸ ਚੱਲੇ। ਕੀੱਜਈ ਕਸਕੇ	Saakath Sang N Keejee Piaarae Jae Kaa Paar Vasaae ||	As far as possible, do not associate with the faithless cynics, O Beloved.	ਹੇ ਭਾਈ! ਜਿਥੋਂ ਤਕ ਵੱਸ ਲੱਗੇ, ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਦਾ ਸਾਥ ਨਹੀਂ ਕਰਨਾ ਚਾਹੀਦਾ,
27874	641	ਜਿਸੁ ਮਿਲਿਐ ਹਰਿ ਵਿਸਰੈ ਪਿਆਰੇ ਸੋ ਮੁਹਿ ਕਾਲੈ ਉਠਿ ਜਾਇ॥		Jis Miliai Har Visarai Piaarae Suo Muhi Kaalai Outh Jaae ||	Meeting with them, the Lord is forgotten, O Beloved, and you rise and depart with a blackened face.	ਕਿਉਂਕਿ ਉਸ ਮਨੁੱਖ ਨੂੰ ਮਿਲਿਆਂ ਪਰਮਾਤਮਾ ਵਿਸਰ ਜਾਂਦਾ ਹੈ। (ਜੇਹੜਾ ਮਨੁੱਖ ਸਾਕਤ ਦਾ ਸੰਗ ਕਰਦਾ ਹੈ) ਉਹ ਬਦਨਾਮੀ ਖੱਟ ਕੇ ਹੀ ਦੁਨੀਆ ਤੋਂ ਚਲਾ ਜਾਂਦਾ ਹੈ।

27875	641	ਮਨਮੁਖਿ ਢੋਈ ਨਹ ਮਿਲੈ ਪਿਆਰੇ ਦਰਗਹ ਮਿਲੈ ਸਜਾਇ॥		Manamukh Dtoee Neh Milai Piaarae Dharageh Milai Sajaae ||	The self-willed manmukh finds no rest or shelter, O Beloved; in the Court of the Lord, they are punished.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੂੰ ਪਰਮਾਤਮਾ ਦੀ ਦਰਗਾਹ ਵਿਚ ਥਾਂ ਨਹੀਂ ਮਿਲਦੀ, (ਉਸ ਨੂੰ ਸਗੋਂ ਉਥੇ) ਸਜ਼ਾ ਮਿਲਦੀ ਹੈ।
27876	641	ਜੋ ਗੁਰ ਮੇਲਿ ਸਵਾਰਿਆ ਪਿਆਰੇ ਤਿਨਾ ਪੂਰੀ ਪਾਇ॥੫॥		Jo Gur Mael Savaariaa Piaarae Thinaa Pooree Paae ||5||	Those who meet with the Guru, and reform themselves, O Beloved, their affairs are resolved. ||5||	ਪਰ, ਹੇ ਭਾਈ! ਗੁਰੂ ਦੇ ਨਾਲ ਮਿਲਾ ਕੇ ਜਿਨ੍ਹਾਂ ਮਨੁੱਖਾਂ ਦਾ ਜੀਵਨ ਪਰਮਾਤਮਾ ਨੇ ਸੋਹਣਾ ਬਣਾ ਦਿੱਤਾ ਹੈ, ਉਹਨਾਂ ਨੂੰ ਸਫਲਤਾ ਪ੍ਰਾਪਤ ਹੁੰਦੀ ਹੈ ॥੫॥
27877	641	ਸੰਜਮ ਸਹਸ ਸਿਆਣਪਾ ਪਿਆਰੇ ਇਕ ਨ ਚਲੀ ਨਾਲਿ॥		Sanjam Sehas Siaanapaa Piaarae Eik N Chalee Naal ||	One may have thousands of clever tricks and techniques of austere self-discipline, O Beloved, but not even one of them will go with him.	ਹੇ ਭਾਈ! (ਵਰਤ ਨੇਮ ਆਦਿਕ) ਹਜ਼ਾਰਾਂ ਸੰਜਮ ਤੇ ਹਜ਼ਾਰਾਂ ਸਿਆਣਪਾਂ (ਜੇ ਮਨੁੱਖ ਕਰਦਾ ਰਹੇ, ਤਾਂ ਇਹਨਾਂ ਵਿਚੋਂ) ਇੱਕ ਭੀ (ਪਰਲੋਕ ਵਿਚ) ਮਦਦ ਨਹੀਂ ਕਰਦੀ।
27878	641	ਜੋ ਬੇਮੁਖ ਗੋਬਿੰਦ ਤੇ ਪਿਆਰੇ ਤਿਨ ਕੁਲਿ ਲਾਗੈ ਗਾਲਿ॥		Jo Baemukh Gobindh Thae Piaarae Thin Kul Laagai Gaal ||	Those who turn their backs on the Lord of the Universe, O Beloved, their families are stained with disgrace.	ਜੇਹੜੇ ਮਨੁੱਖ ਪਰਮਾਤਮਾ ਵਲੋਂ ਆਪਣਾ ਮੂੰਹ ਭਵਾਈ ਰੱਖਦੇ ਹਨ, ਉਹਨਾਂ ਦੇ (ਤਾਂ) ਖ਼ਾਨਦਾਨ ਵਿਚ (ਭੀ) ਕਲੰਕ ਦਾ ਟਿੱਕਾ ਲੱਗ ਜਾਂਦਾ ਹੈ।

27879	641	ਹੋਦੀ ਵਸਤੁ ਨ ਜਾਤੀਆ ਪਿਆਰੇ ਕੂੜੁ ਨ ਚਲੀ ਨਾਲਿ॥	ਹੋਂਦੀ। ਜਾਂਤੀਆ। ਚੱਲੀ	Hodhee Vasath N Jaatheeaa Piaarae Koorr N Chalee Naal ||	They do not realize that they do have Him , O Beloved; falsehood will not go with them.	(ਸਾਕਤ ਮਨੁੱਖ ਹਿਰਦੇ ਵਿਚ) ਵੱਸਦੇ (ਕੀਮਤੀ ਹਰਿ-ਨਾਮ) ਪਦਾਰਥ ਨਾਲ ਸਾਂਝ ਨਹੀਂ ਪਾਂਦਾ (ਦੁਨੀਆ ਦੇ ਨਾਸਵੰਤ ਪਦਾਰਥਾਂ ਨਾਲ ਹੀ ਮੋਹ ਪਾਈ ਰੱਖਦਾ ਹੈ, ਪਰ ਕੋਈ ਭੀ) ਨਾਸਵੰਤ ਪਦਾਰਥ (ਪਰਲੋਕ ਵਿਚ) ਨਾਲ ਨਹੀਂ ਜਾਂਦਾ।
27880	641	ਸਤਿਗੁਰੁ ਜਿਨਾ ਮਿਲਾਇਓਨੁ ਪਿਆਰੇ ਸਾਚਾ ਨਾਮੁ ਸਮਾਲਿ॥੬॥		Sathigur Jinaa Milaaeioun Piaarae Saachaa Naam Samaal ||6||	Those who meet with the True Guru, O Beloved, dwell upon the True Name. ||6||	ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਉਸ ਪਰਮਾਤਮਾ ਨੇ ਗੁਰੂ ਮਿਲਾ ਦਿੱਤਾ ਹੈ ਉਹ ਮਨੁੱਖ ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ (ਆਪਣੇ ਹਿਰਦੇ ਵਿਚ) ਵਸਾਈ ਰੱਖਦੇ ਹਨ ॥੬॥
27881	641	ਸਤੁ ਸੰਤੋਖੁ ਗਿਆਨੁ ਧਿਆਨੁ ਪਿਆਰੇ ਜਿਸ ਨੋ ਨਦਰਿ ਕਰੇ॥		Sath Santhokh Giaan Dhhiaan Piaarae Jis No Nadhar Karae ||	When the Lord casts His Glance of Grace, O Beloved, one is blessed with Truth, contentment, wisdom and meditation.	ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਮੇਹਰ ਦੀ ਨਿਗਾਹ ਕਰਦਾ ਹੈ, ਉਸ ਦੇ ਅੰਦਰ ਸੇਵਾ ਸੰਤੋਖ ਗਿਆਨ ਧਿਆਨ (ਆਦਿਕ ਗੁਣ ਪੈਦਾ ਹੋ ਜਾਂਦੇ ਹਨ)।

27882	641	ਅਨ ਦਿਨੁ ਕੀਰਤਨੁ ਗੁਣ ਰਵੈ ਪਿਆਰੇ ਅੰਮ੍ਰਿਤਿ ਪੂਰ ਭਰੇ॥		Anadhin Keerathan Gun Ravai Piaarae Anmrith Poor Bharae ||	Night and day, he sings the Kirtan of the Lord's Praises, O Beloved, totally filled with Ambrosial Nectar.	ਉਹ ਮਨੁੱਖ ਹਰ ਵੇਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹੈ, ਪਰਮਾਤਮਾ ਦੇ ਗੁਣ ਚੇਤੇ ਕਰਦਾ ਰਹਿੰਦਾ ਹੈ, (ਉਸ ਦਾ ਹਿਰਦਾ) ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਨਕਾ-ਨੱਕ ਭਰਿਆ ਰਹਿੰਦਾ ਹੈ।
27883	641	ਦੁਖ ਸਾਗਰੁ ਤਿਨ ਲੰਘਿਆ ਪਿਆਰੇ ਭਵਜਲੁ ਪਾਰਿ ਪਰੇ॥		Dhukh Saagar Thin Langhiaa Piaarae Bhavajal Paar Parae ||	He crosses over the sea of pain, O Beloved, and swims across the terrifying world-ocean.	(ਹੇ ਭਾਈ! ਜਿਨ੍ਹਾਂ ਮਨੁੱਖਾਂ ਉਤੇ ਪ੍ਰਭੂ ਦੀ ਮੇਹਰ ਦੀ ਨਿਗਾਹ ਹੁੰਦੀ ਹੈ) ਉਹ ਮਨੁੱਖ ਦੁੱਖਾਂ ਦੇ ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ ਉਹ ਸੰਸਾਰ-ਸਮੁੰਦਰ ਤੋਂ ਪਾਰ ਪਹੁੰਚ ਜਾਂਦੇ ਹਨ।
27884	641	ਜਿਸੁ ਭਾਵੈ ਤਿਸੁ ਮੇਲਿ ਲੈਹਿ ਪਿਆਰੇ ਸੇਈ ਸਦਾ ਖਰੇ॥੭॥		Jis Bhaavai This Mael Laihi Piaarae Saeee Sadhaa Kharae ||7||	One who is pleasing to His Will, He unites with Himself, O Beloved; he is forever true. ||7||	ਹੇ ਪਿਆਰੇ ਪ੍ਰਭੂ! ਜੇਹੜਾ ਜੇਹੜਾ ਮਨੁੱਖ ਤੈਨੂੰ ਚੰਗਾ ਲੱਗਦਾ ਹੈ, ਉਸ ਉਸ ਨੂੰ ਤੂੰ (ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈਂ। ਉਹ ਬੰਦੇ ਸਦਾ ਲਈ ਚੰਗੇ ਜੀਵਨ ਵਾਲੇ ਹੋ ਜਾਂਦੇ ਹਨ ॥੭॥
27885	641	ਸੰਮ੍ਰਥ ਪੁਰਖੁ ਦਇਆਲ ਦੇਉ ਪਿਆਰੇ ਭਗਤਾ ਤਿਸ ਕਾ ਤਾਣੁ॥	(ਦੇਉ) ਪ੍ਰਕਾਸ਼ ਸਰੂਪ। ਸੰਮ-ਰ੍ਥ	Sanmrathh Purakh Dhaeiaal Dhaeo Piaarae Bhagathaa This Kaa Thaan ||	The all-powerful Divine Lord is compassionate, O Beloved; He is the Support of His devotees.	ਹੇ ਭਾਈ! ਪਰਮਾਤਮਾ ਸਾਰੀਆਂ ਤਾਕਤਾਂ ਦਾ ਮਾਲਕ ਹੈ, ਸਰਬ-ਵਿਆਪਕ ਹੈ, ਦਇਆ ਦਾ ਘਰ ਹੈ, ਪ੍ਰਕਾਸ਼-ਰੂਪ ਹੈ। ਭਗਤਾਂ ਨੂੰ (ਸਦਾ) ਉਸ ਦਾ ਆਸਰਾ ਰਹਿੰਦਾ ਹੈ।

27886	641	ਤਿਸੁ ਸਰਣਾਈ ਢਹਿ ਪਏ ਪਿਆਰੇ ਜਿ ਅੰਤਰਜਾਮੀ ਜਾਣੁ॥		This Saranaaee Dtehi Peae Piaarae J Antharajaamee Jaan ||	I seek His Sanctuary, O Beloved; He is the Inner-knower, the Searcher of hearts.	ਹੇ ਭਾਈ! ਭਗਤ ਉਸ ਪਰਮਾਤਮਾ ਦੀ ਸਰਨ ਪਏ ਰਹਿੰਦੇ ਹਨ, ਜੇਹੜਾ ਸਭ ਦੇ ਦਿਲ ਦੀ ਜਾਣਨ ਵਾਲਾ ਹੈ, ਤੇ, ਸਿਆਣਾ ਹੈ।
27887	641	ਹਲਤੁ ਪਲਤੁ ਸਵਾਰਿਆ ਪਿਆਰੇ ਮਸਤਕਿ ਸਚੁ ਨੀਸਾਣੁ॥		Halath Palath Savaariaa Piaarae Masathak Sach Neesaan ||	He has adorned me in this world and the next, O Beloved; He has placed the Emblem of Truth upon my forehead.	ਹੇ ਭਾਈ! ਜਿਸ ਮਨੁੱਖ ਦੇ ਮੱਥੇ ਉਤੇ ਸਦਾ ਕਾਇਮ ਰਹਿਣ ਵਾਲੀ ਮੋਹਰ ਲਾ ਦੇਂਦਾ ਹੈ, ਉਸ ਦਾ ਇਹ ਲੋਕ ਤੇ ਪਰਲੋਕ ਸੰਵਰ ਜਾਂਦਾ ਹੈ।
27888	641	ਸੋ ਪ੍ਰਭੁ ਕਦੇ ਨ ਵੀਸਰੈ ਪਿਆਰੇ ਨਾਨਕ ਸਦ ਕੁਰਬਾਣੁ॥੮॥੨॥		So Prabh Kadhae N Veesarai Piaarae Naanak Sadh Kurabaan ||8||2||	I shall never forget that God, O Beloved; Nanak is forever a sacrifice to Him. ||8||2||	ਨਾਨਕ ਆਖਦਾ ਹੈ- ਹੇ ਭਾਈ (ਮੇਰੀ ਤਾਂ ਸਦਾ ਇਹੀ ਤਾਂਘ ਹੈ ਕਿ) ਉਹ ਪਰਮਾਤਮਾ ਮੈਨੂੰ ਕਦੇ ਭੀ ਨਾਹ ਭੁੱਲੇ। ਮੈਂ (ਉਸ ਤੋਂ) ਸਦਾ ਸਦਕੇ ਜਾਂਦਾ ਹਾਂ ॥੮॥੨॥
27889	641	ਸੋਰਠਿ ਮਹਲਾ ੫ ਘਰੁ ੨ ਅਸਟਪਦੀਆ	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Sorath Mehalaa 5 Ghar 2 Asattapadheeaa	Sorat'h, Fifth Mehl, Second House, Ashtapadees:	ਰਾਗ ਸੋਰਠਿ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
27890	641	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

27891	641	ਪਾਠੁ ਪੜਿਓ ਅਰੁ ਬੇਦੁ ਬੀਚਾਰਿਓ ਨਿਵਲਿ ਭੁਅੰਗਮ ਸਾਧੇ॥	(ਨਿਵਲਿ ਭੁਅੰਗਮ) ਯੋਗ ਆਸਨ। (ਸਾੱਧੇ) ਕੀਤੇ। ਪੜ੍ਹਿਓ। ਭੁ-ਅੰਗਮ	Paath Parriou Ar Baedh Beechaariou Nival Bhuangam Saadhhae ||	They read scriptures, and contemplate the Vedas; they practice the inner cleansing techniques of Yoga, and control of the breath.	ਹੇ ਭਾਈ! ਕੋਈ ਮਨੁੱਖ ਵੇਦ (ਆਦਿਕ ਧਰਮ-ਪੁਸਤਕ ਨੂੰ) ਪੜ੍ਹਦਾ ਹੈ ਅਤੇ ਵਿਚਾਰਦਾ ਹੈ। ਕੋਈ ਮਨੁੱਖ ਨਿਵਲੀਕਰਮ ਕਰਦਾ ਹੈ, ਕੋਈ ਕੁੰਡਲਨੀ ਨਾੜੀ ਰਸਤੇ ਪ੍ਰਾਣ ਚਾੜ੍ਹਦਾ ਹੈ।
27892	641	ਪੰਚ ਜਨਾ ਸਿਉ ਸੰਗੁ ਨ ਛੁਟਕਿਓ ਅਧਿਕ ਅਹੰਬੁਧਿ ਬਾਧੇ॥੧॥	ਅਹੰ-ਬੁਧਿ	Panch Janaa Sio Sang N Shhuttakiou Adhhik Ahanbudhh Baadhhae ||1||	But they cannot escape from the company of the five passions; they are increasingly bound to egotism. ||1||	(ਪਰ ਇਹਨਾਂ ਸਾਧਨਾਂ ਨਾਲ ਕਾਮਾਦਿਕ) ਪੰਜਾਂ ਨਾਲੋਂ ਸਾਥ ਮੁੱਕ ਨਹੀਂ ਸਕਦਾ। (ਸਗੋਂ) ਵਧੀਕ ਅਹੰਕਾਰ ਵਿਚ (ਮਨੁੱਖ) ਬੱਝ ਜਾਂਦੇ ਹਨ ॥੧॥
27893	641	ਪਿਆਰੇ ਇਨ ਬਿਧਿ ਮਿਲਣੁ ਨ ਜਾਈ ਮੈ ਕੀਏ ਕਰਮ ਅਨੇਕਾ॥		Piaarae Ein Bidhh Milan N Jaaee Mai Keeeae Karam Anaekaa ||	O Beloved, this is not the way to meet the Lord; I have performed these rituals so many times.	ਹੇ ਭਾਈ! ਮੇਰੇ ਵੇਖਦਿਆਂ ਲੋਕ ਅਨੇਕਾਂ ਹੀ (ਮਿਥੇ ਹੋਏ ਧਾਰਮਿਕ) ਕਰਮ ਕਰਦੇ ਹਨ, ਪਰ ਇਹਨਾਂ ਤਰੀਕਿਆਂ ਨਾਲ ਪਰਮਾਤਮਾ ਦੇ ਚਰਨਾਂ ਵਿਚ ਜੁੜਿਆ ਨਹੀਂ ਜਾ ਸਕਦਾ।
27894	641	ਹਾਰਿ ਪਰਿਓ ਸੁਆਮੀ ਕੈ ਦੁਆਰੈ ਦੀਜੈ ਬੁਧਿ ਬਿਬੇਕਾ॥ਰਹਾਉ॥		Haar Pariou Suaamee Kai Dhuaarai Dheejai Budhh Bibaekaa || Rehaao ||	I have collapsed, exhausted, at the Door of my Lord Master; I pray that He may grant me a discerning intellect. ||Pause||	ਹੇ ਭਾਈ! ਮੈਂ ਤਾਂ ਇਹਨਾਂ ਕਰਮਾਂ ਦਾ ਆਸਰਾ ਛੱਡ ਕੇ ਮਾਲਕ-ਪ੍ਰਭੂ ਦੇ ਦਰ ਤੇ ਆ ਡਿੱਗਾ ਹਾਂ (ਤੇ ਅਰਜ਼ੋਈ ਕਰਦਾ ਰਹਿੰਦਾ ਹਾਂ-ਹੇ ਪ੍ਰਭੂ! ਮੈਨੂੰ ਭਲਾਈ ਬੁਰਾਈ ਦੀ) ਪਰਖ ਕਰ ਸਕਣ ਵਾਲੀ ਅਕਲ ਦੇਹ ਰਹਾਉ॥

27895	641	ਮੋਨਿ ਭਇਓ ਕਰ ਪਾਤੀ ਰਹਿਓ ਨਗਨ ਫਿਰਿਓ ਬਨ ਮਾਹੀ॥	(ਕਰਪਾਤੀ) ਹੱਥ ਨੂੰ ਭਾਂਡਾ ਬਣਾ	Mon Bhaeiou Karapaathee Rehiou Nagan Firiou Ban Maahee ||	One may remain silent and use his hands as begging bowls, and wander naked in the forest.	ਹੇ ਭਾਈ! ਕੋਈ ਮਨੁੱਖ ਚੁੱਪ ਸਾਧੀ ਬੈਠਾ ਹੈ, ਕੋਈ ਕਰ-ਪਾਤੀ ਬਣ ਗਿਆ ਹੈ (ਭਾਂਡਿਆਂ ਦੇ ਥਾਂ ਆਪਣੇ ਹੱਥ ਹੀ ਵਰਤਦਾ ਹੈ), ਕੋਈ ਜੰਗਲ ਵਿਚ ਨੰਗਾ ਤੁਰਿਆ ਫਿਰਦਾ ਹੈ।
27896	641	ਤਟ ਤੀਰਥ ਸਭ ਧਰਤੀ ਭ੍ਰਮਿਓ ਦੁਬਿਧਾ ਛੁਟਕੈ ਨਾਹੀ॥੨॥		Thatt Theerathh Sabh Dharathee Bhramiou Dhubidhhaa Shhuttakai Naahee ||2||	He may make pilgrimages to river banks and sacred shrines all over the world, but his sense of duality will not leave him. ||2||	ਕੋਈ ਮਨੁੱਖ ਸਾਰੇ ਤੀਰਥਾਂ ਦਾ ਰਟਨ ਕਰ ਰਿਹਾ ਹੈ, ਕੋਈ ਸਾਰੀ ਧਰਤੀ ਦਾ ਭ੍ਰਮਣ ਕਰ ਰਿਹਾ ਹੈ, (ਪਰ ਇਸ ਤਰ੍ਹਾਂ ਭੀ) ਮਨ ਦੀ ਡਾਂਵਾਂ-ਡੋਲ ਹਾਲਤ ਮੁੱਕਦੀ ਨਹੀਂ ॥੨॥
27897	642	ਮਨ ਕਾਮਨਾ ਤੀਰਥ ਜਾਇ ਬਸਿਓ ਸਿਰਿ ਕਰਵਤ ਧਰਾਏ॥	ਕਰਵੱਤ	Man Kaamanaa Theerathh Jaae Basiou Sir Karavath Dharaaeae ||	His mind's desires may lead him to go and dwell at sacred places of pilgrimage, and offer his head to be sawn off;	ਹੇ ਭਾਈ! ਕੋਈ ਮਨੁੱਖ ਆਪਣੀ ਮਨੋ-ਕਾਮਨਾ ਅਨੁਸਾਰ ਤੀਰਥਾਂ ਉੱਤੇ ਜਾ ਵੱਸਿਆ ਹੈ, (ਮੁਕਤੀ ਦਾ ਚਾਹਵਾਨ ਆਪਣੇ) ਸਿਰ ਉਤੇ (ਸ਼ਿਵ ਜੀ ਵਾਲਾ) ਆਰਾ ਰਖਾਂਦਾ ਹੈ (ਤੇ, ਆਪਣੇ ਆਪ ਨੂੰ ਚਿਰਾ ਲੈਂਦਾ ਹੈ)।
27898	642	ਮਨ ਕੀ ਮੈਲੁ ਨ ਉਤਰੈ ਇਹ ਬਿਧਿ ਜੇ ਲਖ ਜਤਨ ਕਰਾਏ॥੩॥		Man Kee Mail N Outharai Eih Bidhh Jae Lakh Jathan Karaaeae ||3||	But this will not cause the filth of his mind to depart, even though he may make thousands of efforts. ||3||	ਪਰ ਜੇ ਕੋਈ ਮਨੁੱਖ (ਇਹੋ ਜਿਹੇ) ਲੱਖਾਂ ਹੀ ਜਤਨ ਕਰੇ, ਇਸ ਤਰ੍ਹਾਂ ਭੀ ਮਨ ਦੀ (ਵਿਕਾਰਾਂ ਦੀ) ਮੈਲ ਨਹੀਂ ਲਹਿੰਦੀ ॥੩॥

27899	642	ਕਨਿਕ ਕਾਮਿਨੀ ਹੈਵਰ ਗੈਵਰ ਬਹੁ ਬਿਧਿ ਦਾਨੁ ਦਾਤਾਰਾ॥		Kanik Kaaminee Haivar Gaivar Bahu Bidhh Dhaan Dhaathaaraa ||	He may give gifts of all sorts - gold, women, horses and elephants.	ਹੇ ਭਾਈ! ਕੋਈ ਮਨੁੱਖ ਸੋਨਾ, ਇਸਤ੍ਰੀ, ਵਧੀਆ ਘੋੜੇ, ਵਧੀਆ ਹਾਥੀ (ਅਤੇ ਇਹੋ ਜਿਹੇ) ਕਈ ਕਿਸਮਾਂ ਦੇ ਦਾਨ ਕਰਨ ਵਾਲਾ ਹੈ।
27900	642	ਅੰਨ ਬਸਤ੍ਰ ਭੂਮਿ ਬਹੁ ਅਰਪੇ ਨਹ ਮਿਲੀਐ ਹਰਿ ਦੁਆਰਾ॥੪॥		Ann Basathr Bhoom Bahu Arapae Neh Mileeai Har Dhuaaraa ||4||	He may make offerings of corn, clothes and land in abundance, but this will not lead him to the Lord's Door. ||4||	ਕੋਈ ਮਨੁੱਖ ਅੰਨ ਦਾਨ ਕਰਦਾ ਹੈ, ਕੱਪੜੇ ਦਾਨ ਕਰਦਾ ਹੈ, ਜ਼ਿਮੀਂ ਦਾਨ ਕਰਦਾ ਹੈ। (ਇਸ ਤਰ੍ਹਾਂ ਭੀ) ਪਰਮਾਤਮਾ ਦੇ ਦਰ ਤੇ ਪਹੁੰਚ ਨਹੀਂ ਸਕੀਦਾ ॥੪॥
27901	642	ਪੂਜਾ ਅਰਚਾ ਬੰਦਨ ਡੰਡਉਤ ਖਟੁ ਕਰਮਾ ਰਤੁ ਰਹਤਾ॥		Poojaa Arachaa Bandhan Ddanddouth Khatt Karamaa Rath Rehathaa ||	He may remain devoted to worship and adoration, bowing his forehead to the floor, practicing the six religious rituals.	ਹੇ ਭਾਈ! ਕੋਈ ਮਨੁੱਖ ਦੇਵ-ਪੂਜਾ ਵਿਚ, ਦੇਵਤਿਆਂ ਨੂੰ ਨਮਸਕਾਰ ਡੰਡਉਤ ਕਰਨ ਵਿਚ, ਛੇ ਕਰਮਾਂ ਦੇ ਕਰਨ ਵਿਚ ਮਸਤ ਰਹਿੰਦਾ ਹੈ।
27902	642	ਹਉ ਹਉ ਕਰਤ ਬੰਧਨ ਮਹਿ ਪਰਿਆ ਨਹ ਮਿਲੀਐ ਇਹ ਜੁਗਤਾ॥੫॥		Ho Ho Karath Bandhhan Mehi Pariaa Neh Mileeai Eih Jugathaa ||5||	He indulges in egotism and pride, and falls into entanglements, but he does not meet the Lord by these devices. ||5||	ਪਰ ਉਹ ਭੀ (ਇਹਨਾਂ ਮਿੱਥੇ ਹੋਏ ਧਾਰਮਿਕ ਕਰਮਾਂ ਦੇ ਕਰਨ ਕਰ ਕੇ ਆਪਣੇ ਆਪ ਨੂੰ ਧਰਮੀ ਜਾਣ ਕੇ) ਅਹੰਕਾਰ ਨਾਲ ਕਰਦਾ ਕਰਦਾ (ਮਾਇਆ ਦੇ ਮੋਹ ਦੇ) ਬੰਧਨਾਂ ਵਿਚ ਜਕੜਿਆ ਰਹਿੰਦਾ ਹੈ। ਇਸ ਤਰੀਕੇ ਭੀ ਪਰਮਾਤਮਾ ਨੂੰ ਨਹੀਂ ਮਿਲ ਸਕੀਦਾ ॥੫॥

27903	642	ਜੋਗ ਸਿਧ ਆਸਣ ਚਉਰਾਸੀਹ ਏ ਭੀ ਕਰਿ ਕਰਿ ਰਹਿਆ॥		Jog Sidhh Aasan Chouraaseeh Eae Bhee Kar Kar Rehiaa ||	He practices the eighty-four postures of Yoga, and acquires the supernatural powers of the Siddhas, but he gets tired of practicing these.	ਜੋਗ-ਮਤ ਵਿਚ ਸਿੱਧਾਂ ਦੇ ਪ੍ਰਸਿੱਧ ਚੌਰਾਸੀ ਆਸਣ ਹਨ। ਇਹ ਆਸਣ ਕਰ ਕਰ ਕੇ ਭੀ ਮਨੁੱਖ ਥੱਕ ਜਾਂਦਾ ਹੈ।
27904	642	ਵਡੀ ਆਰਜਾ ਫਿਰਿ ਫਿਰਿ ਜਨਮੈ ਹਰਿ ਸਿਉ ਸੰਗੁ ਨ ਗਹਿਆ॥੬॥		Vaddee Aarajaa Fir Fir Janamai Har Sio Sang N Gehiaa ||6||	He lives a long life, but is reincarnated again and again; he has not met with the Lord. ||6||	ਉਮਰ ਤਾਂ ਲੰਮੀ ਕਰ ਲੈਂਦਾ ਹੈ, ਪਰ ਇਸ ਤਰ੍ਹਾਂ ਪਰਮਾਤਮਾ ਨਾਲ ਮਿਲਾਪ ਨਾਲ ਨਹੀਂ ਬਣਦਾ, ਮੁੜ ਮੁੜ ਜਨਮਾਂ ਦੇ ਗੇੜ ਵਿਚ ਪਿਆ ਰਹਿੰਦਾ ਹੈ ॥੬॥
27905	642	ਰਾਜ ਲੀਲਾ ਰਾਜਨ ਕੀ ਰਚਨਾ ਕਰਿਆ ਹੁਕਮੁ ਅਫਾਰਾ॥	(ਲੀਲਾ) ਰੰਗ ਤਮਾਸ਼ੇ। (ਅਫਾਰਾ) ਅਮੋੜ	Raaj Leelaa Raajan Kee Rachanaa Kariaa Hukam Afaaraa ||	He may enjoy princely pleasures, and regal pomp and ceremony, and issue unchallenged commands.	ਹੇ ਭਾਈ! ਕਈ ਐਸੇ ਹਨ ਜੋ ਰਾਜ-ਹਕੂਮਤ ਦੇ ਰੰਗ-ਤਮਾਸ਼ੇ ਮਾਣਦੇ ਹਨ, ਰਾਜਿਆਂ ਵਾਲੇ ਠਾਠ-ਬਾਠ ਬਣਾਂਦੇ ਹਨ, ਲੋਕਾਂ ਉੱਤੇ ਹੁਕਮ ਚਲਾਂਦੇ ਹਨ, ਕੋਈ ਉਹਨਾਂ ਦਾ ਹੁਕਮ ਮੋੜ ਨਹੀਂ ਸਕਦਾ।

27906	642	ਸੇਜ ਸੋਹਨੀ ਚੰਦਨੁ ਚੋਆ ਨਰਕ ਘੋਰ ਕਾ ਦੁਆਰਾ॥੭॥		Saej Sohanee Chandhan Choaa Narak Ghor Kaa Dhuaaraa ||7||	He may lie on beautiful beds, perfumed with sandalwood oil, but this will led him only to the gates of the most horrible hell. ||7||	ਸੁੰਦਰ ਇਸਤ੍ਰੀ ਦੀ ਸੇਜ ਮਾਣਦੇ ਹਨ, (ਆਪਣੇ ਸਰੀਰ ਉਤੇ) ਚੰਦਨ ਤੇ ਅਤਰ ਵਰਤਦੇ ਹਨ। ਪਰ ਇਹ ਸਭ ਕੁਝ ਤਾਂ ਭਿਆਨਕ ਨਰਕ ਵਲ ਲੈ ਜਾਣ ਵਾਲਾ ਹੈ ॥੭॥
27907	642	ਹਰਿ ਕੀਰਤਿ ਸਾਧਸੰਗਤਿ ਹੈ ਸਿਰਿ ਕਰਮਨ ਕੈ ਕਰਮਾ॥		Har Keerath Saadhhasangath Hai Sir Karaman Kai Karamaa ||	Singing the Kirtan of the Lord's Praises in the Saadh Sangat, the Company of the Holy, is the highest of all actions.	ਹੇ ਭਾਈ! ਸਾਧ ਸੰਗਤਿ ਵਿਚ ਬੈਠ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ-ਇਹ ਕੰਮ ਹੋਰ ਸਾਰੇ ਕਰਮਾਂ ਨਾਲੋਂ ਸ੍ਰੇਸ਼ਟ ਹੈ।
27908	642	ਕਹੁ ਨਾਨਕ ਤਿਸੁ ਭਇਓ ਪਰਾਪਤਿ ਜਿਸੁ ਪੁਰਬ ਲਿਖੇ ਕਾ ਲਹਨਾ॥੮॥		Kahu Naanak This Bhaeiou Paraapath Jis Purab Likhae Kaa Lehanaa ||8||	Says Nanak, he alone obtains it, who is pre-destined to receive it. ||8||	ਪਰ, ਨਾਨਕ ਆਖਦਾ ਹੈ- ਇਹ ਅਵਸਰ ਉਸ ਮਨੁੱਖ ਨੂੰ ਹੀ ਮਿਲਦਾ ਹੈ ਜਿਸ ਦੇ ਮੱਥੇ ਉਤੇ ਪੂਰਬਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਲੇਖ ਲਿਖਿਆ ਹੁੰਦਾ ਹੈ ॥੮॥
27909	642	ਤੇਰੋ ਸੇਵਕੁ ਇਹ ਰੰਗਿ ਮਾਤਾ॥	ਮਾਤਾ	Thaero Saevak Eih Rang Maathaa ||	Your slave is intoxicated with this Love of Yours.	ਹੇ ਭਾਈ! ਤੇਰਾ ਸੇਵਕ ਤੇਰੀ ਸਿਫ਼ਤ-ਸਾਲਾਹ ਦੇ ਰੰਗ ਵਿਚ ਮਸਤ ਰਹਿੰਦਾ ਹੈ।

27910	642	ਭਇਓ ਕ੍ਰਿਪਾਲੁ ਦੀਨ ਦੁਖ ਭੰਜਨੁ ਹਰਿ ਹਰਿ ਕੀਰਤਨਿ ਇਹੁ ਮਨੁ ਰਾਤਾ॥ ਰਹਾਉ ਦੂਜਾ॥੧॥੩॥	ਰੱਾਤਾ	Bhaeiou Kirapaal Dheen Dhukh Bhanjan Har Har Keerathan Eihu Man Raathaa || Rehaao Dhoojaa ||1||3||	The Destroyer of the pains of the poor has become merciful to me, and this mind is imbued with the Praises of the Lord, Har, Har. ||Second Pause||1||3||	ਦੀਨਾਂ ਦੇ ਦੁੱਖ ਦੂਰ ਕਰਨ ਵਾਲਾ ਪਰਮਾਤਮਾ ਜਿਸ ਮਨੁੱਖ ਉਤੇ ਦਇਆਵਾਨ ਹੁੰਦਾ ਹੈ, ਉਸ ਦਾ ਇਹ ਮਨ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਰੰਗ ਵਿਚ ਰੰਗਿਆ ਰਹਿੰਦਾ ਹੈ।ਰਹਾਉ ਦੂਜਾ ॥੧॥੩॥
27911	642	ਰਾਗੁ ਸੋਰਠਿ ਵਾਰ ਮਹਲੇ ੪ ਕੀ	੪ ਨੂੰ ਚਉਥੇ ਪੜ੍ਹੋ	Raag Sorath Vaar Mehalae 4 Kee	Vaar Of Raag Sorat'h, Fourth Mehl:	ਰਾਗ ਸੋਰਠਿ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਵਾਰ'।
27912	642	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
27913	642	ਸਲੋਕੁ ਮਃ ੧॥		Salok Ma 1 ||	Shalok, First Mehl:	
27914	642	ਸੋਰਠਿ ਸਦਾ ਸੁਹਾਵਣੀ ਜੇ ਸਚਾ ਮਨਿ ਹੋਇ॥		Sorath Sadhaa Suhaavanee Jae Sachaa Man Hoe ||	Sorat'h is always beautiful, if it brings the True Lord to dwell in the mind of the soul-bride.	ਸੋਰਠਿ ਰਾਗਣੀ ਸਦਾ ਸੋਹਣੀ ਲੱਗੇ ਜੇ (ਇਸ ਦੀ ਰਾਹੀਂ ਪ੍ਰਭੂ ਦੇ ਗੁਣ ਗਾਂਵਿਆਂ) ਸਦ-ਥਿਰ ਰਹਿਣ ਵਾਲਾ ਪ੍ਰਭੂ ਮਨ ਵਿਚ ਵੱਸ ਪਏ,
27915	642	ਦੰਦੀ ਮੈਲੁ ਨ ਕਤੁ ਮਨਿ ਜੀਭੈ ਸਚਾ ਸੋਇ॥	(ਦੰਦੀਂ) ਦੰਦਾਂ ਨੂੰ (ਕਤੁ) ਕਤਰਾ ਮਾਤ੍ਰ ਮੈਲ਼ ਨਹੀਂ ਭਾਵ ਅਭੱਖ ਨਹੀਂ ਖਾਂਦੇ। ਕਤੁ:ਪੋਲਾ ਬੋਲੋ	Dhandhee Mail N Kath Man Jeebhai Sachaa Soe ||	Her teeth are clean and her mind is not split by duality; the Name of the True Lord is on her tongue.	ਨਿੰਦਿਆ ਕਰਨ ਦੀ ਵਾਦੀ ਨਾਹ ਰਹੇ, ਮਨ ਵਿਚ ਕਿਸੇ ਨਾਲ ਵੈਰ-ਵਿਰੋਧ ਨਾਹ ਹੋਵੇ, ਤੇ ਜੀਭ ਉਤੇ ਉਹ ਸੱਚਾ ਮਾਲਕ ਹੋਵੇ।

27916	642	ਸਸੁਰੈ ਪੇਈਐ ਭੈ ਵਸੀ ਸਤਿਗੁਰੁ ਸੇਵਿ ਨਿਸੰਗ॥	(ਨਿਸੰਗ) ਸ਼ੰਕਾ ਰਹਿਤ	Sasurai Paeeeai Bhai Vasee Sathigur Saev Nisang ||	Here and hereafter, she abides in the Fear of God, and serves the True Guru without hesitation.	(ਇਸ ਤਰ੍ਹਾਂ ਜੀਵ-ਇਸਤ੍ਰੀ) ਲੋਕ ਪਰਲੋਕ ਵਿਚ (ਪਰਮਾਤਮਾ ਦੇ) ਡਰ ਵਿਚ ਜੀਵਨ ਗੁਜ਼ਾਰਦੀ ਹੈ ਤੇ ਗੁਰੂ ਦੀ ਸੇਵਾ ਕਰ ਕੇ ਨਿਝੱਕ ਹੋ ਜਾਂਦੀ ਹੈ (ਭਾਵ, ਕੋਈ ਸਹਿਮ ਦੱਬਾ ਨਹੀਂ ਪਾਂਦਾ)।
27917	642	ਪਰਹਰਿ ਕਪੜੁ ਜੇ ਪਿਰ ਮਿਲੈ ਖੁਸੀ ਰਾਵੈ ਪਿਰੁ ਸੰਗਿ॥	(ਪਰਹਰਿ) ਛੱਡ। (ਕੱਪੜੁ) ਵਿਖਾਵਾ	Parehar Kaparr Jae Pir Milai Khusee Raavai Pir Sang ||	Discarding worldly adornments, she meets her Husband Lord, and she celebrates joyfully with Him.	ਵਿਖਾਵਾ ਛੱਡ ਕੇ ਜੇ ਪਤੀ-ਪ੍ਰਭੂ ਨੂੰ ਮਿਲ ਪਏ ਤਾਂ ਪਤੀ ਭੀ ਤੁੱਠ ਕੇ ਇਸ ਨੂੰ ਆਪਣੇ ਨਾਲ ਮਿਲਾਂਦਾ ਹੈ;
27918	642	ਸਦਾ ਸੀਗਾਰੀ ਨਾਉ ਮਨਿ ਕਦੇ ਨ ਮੈਲੁ ਪਤੰਗੁ॥	(ਪਤੰਗ) ਥੋੜੀ ਮਾਤ੍ਰ	Sadhaa Seegaaree Naao Man Kadhae N Mail Pathang ||	She is adorned forever with the Name in her mind, and she does not have even an iota of filth.	ਜਿਸ ਜੀਵ-ਇਸਤ੍ਰੀ ਦੇ ਮਨ ਵਿਚ ਪ੍ਰਭੂ ਦਾ ਨਾਮ ਟਿਕ ਜਾਏ ਉਹ (ਇਸ ਨਾਮ-ਸਿੰਗਾਰ ਨਾਲ) ਸਦਾ ਸਜੀ ਰਹਿੰਦੀ ਹੈ ਤੇ ਕਦੇ (ਵਿਕਾਰਾਂ ਦੀ ਉਸ ਨੂੰ) ਰਤਾ ਭਰ ਭੀ ਮੈਲ ਨਹੀਂ ਲੱਗਦੀ।
27919	642	ਦੇਵਰ ਜੇਠ ਮੁਏ ਦੁਖਿ ਸਸੂ ਕਾ ਡਰੁ ਕਿਸੁ॥	ਸੱਸੂ	Dhaevar Jaeth Mueae Dhukh Sasoo Kaa Ddar Kis ||	Her husband's younger and elder brothers, the corrupt desires, have died, suffering in pain; and now, who fears Maya, the mother-in-law?	ਉਸ ਜੀਵ-ਇਸਤ੍ਰੀ ਦੇ ਕਾਮਾਦਿਕ ਵਿਕਾਰ ਮੁੱਕ ਜਾਂਦੇ ਹਨ, ਮਾਇਆ ਦਾ ਭੀ ਕੋਈ ਦਬਾਅ ਉਸ ਉਤੇ ਨਹੀਂ ਰਹਿ ਜਾਂਦਾ।

27920	642	ਜੇ ਪਿਰ ਭਾਵੈ ਨਾਨਕਾ ਕਰਮ ਮਣੀ ਸਭੁ ਸਚੁ॥੧॥		Jae Pir Bhaavai Naanakaa Karam Manee Sabh Sach ||1||	If she becomes pleasing to her Husband Lord, O Nanak, she bears the jewel of good karma upon her forehead, and everything is Truth to her. ||1||	ਹੇ ਨਾਨਕ! (ਪ੍ਰਭੂ-ਪਤੀ ਨੂੰ ਮਨ ਵਿਚ ਵਸਾ ਕੇ) ਜੇ ਜੀਵ-ਇਸਤ੍ਰੀ ਪਤੀ-ਪ੍ਰਭੂ ਨੂੰ ਚੰਗੀ ਲੱਗੇ ਤਾਂ ਉਸ ਦੇ ਮੱਥੇ ਤੇ ਭਾਗਾਂ ਦਾ ਟਿੱਕਾ (ਸਮਝੋ) ਉਸ ਨੂੰ ਹਰ ਥਾਂ ਸੱਚਾ ਪ੍ਰਭੂ ਹੀ (ਦਿੱਸਦਾ ਹੈ) ॥੧॥
27921	642	ਮਃ ੪॥		Ma 4 ||	Fourth Mehl:	
27922	642	ਸੋਰਠਿ ਤਾਮਿ ਸੁਹਾਵਣੀ ਜਾ ਹਰਿ ਨਾਮੁ ਢੰਢੋਲੇ॥		Sorath Thaam Suhaavanee Jaa Har Naam Dtandtolae ||	Sorat'h is beautiful only when it leads the soul-bride to seek the Lord's Name.	ਸੋਰਠਿ ਰਾਗਣੀ ਤਦੋਂ ਸੋਹਣੀ ਹੈ, ਜੇ (ਇਸ ਦੀ ਰਾਹੀਂ ਜੀਵ-ਇਸਤ੍ਰੀ) ਹਰੀ ਦੇ ਨਾਮ ਦੀ ਖੋਜ ਕਰੇ,
27923	642	ਗੁਰ ਪੁਰਖੁ ਮਨਾਵੈ ਆਪਣਾ ਗੁਰਮਤੀ ਹਰਿ ਹਰਿ ਬੋਲੇ॥		Gur Purakh Manaavai Aapanaa Guramathee Har Har Bolae ||	She pleases her Guru and God; under Guru's Instruction, she speaks the Name of the Lord, Har, Har.	ਆਪਣੇ ਵੱਡੇ ਪਤੀ ਹਰੀ ਨੂੰ ਪ੍ਰਸੰਨ ਕਰੇ ਤੇ ਸਤਿਗੁਰੂ ਦੀ ਸਿੱਖਿਆ ਲੈ ਕੇ ਪ੍ਰਭੂ ਦਾ ਸਿਮਰਨ ਕਰੇ;
27924	642	ਹਰਿ ਪ੍ਰੇਮਿ ਕਸਾਈ ਦਿਨਸੁ ਰਾਤਿ ਹਰਿ ਰਤੀ ਹਰਿ ਰੰਗਿ ਚੋਲੇ॥	(ਕਸਾਈ) ਖਿੱਚ	Har Praem Kasaaee Dhinas Raath Har Rathee Har Rang Cholae ||	She is attracted to the Lord's Name, day and night, and her body is drenched in the color of the Love of the Lord, Har, Har.	ਦਿਨ ਰਾਤ ਹਰੀ ਦੇ ਪ੍ਰੇਮ ਦੀ ਖਿੱਚੀ ਹੋਈ ਆਪਣੇ (ਸਰੀਰ-ਰੂਪ) ਚੋਲੇ ਨੂੰ ਹਰੀ ਦੇ ਰੰਗ ਵਿਚ ਰੰਗੀ ਰੱਖੇ।

27925	642	ਹਰਿ ਜੈਸਾ ਪੁਰਖੁ ਨ ਲਭਈ ਸਭੁ ਦੇਖਿਆ ਜਗਤੁ ਮੈ ਟੋਲੇ॥	ਲੱ-ਭਈ। ਜੱਗਤੁ	Har Jaisaa Purakh N Labhee Sabh Dhaekhiaa Jagath Mai Ttolae ||	No other being like the Lord God can be found; I have looked and searched over the whole world.	ਮੈਂ ਸਾਰਾ ਸੰਸਾਰ ਟੋਲ ਕੇ ਵੇਖ ਲਿਆ ਹੈ ਪਰਮਾਤਮਾ ਜਿਹਾ ਕੋਈ ਪੁਰਖ ਨਹੀਂ ਲੱਭਾ।
27926	642	ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ਮਨੁ ਅਨਤ ਨ ਕਾਹੂ ਡੋਲੇ॥		Gur Sathigur Naam Dhrirraaeiaa Man Anath N Kaahoo Ddolae ||	The Guru, the True Guru, has implanted the Naam within me; my mind does not waver any more.	ਗੁਰੂ ਸਤਿਗੁਰੂ ਨੇ ਹਰੀ ਦਾ ਨਾਮ (ਮੇਰੇ ਹਿਰਦੇ ਵਿਚ) ਦ੍ਰਿੜ੍ਹ ਕੀਤਾ ਹੈ, (ਇਸ ਕਰ ਕੇ ਹੁਣ) ਮੇਰਾ ਮਨ ਕਿਧਰੇ ਡੋਲਦਾ ਨਹੀਂ;
27927	642	ਜਨੁ ਨਾਨਕੁ ਹਰਿ ਕਾ ਦਾਸੁ ਹੈ ਗੁਰ ਸਤਿਗੁਰ ਕੇ ਗੋਲ ਗੋਲੇ॥੨॥	(ਗੋਲ) ਗੋਲਿਆਂ ਦਾ (ਗੋਲੇ) ਗੋਲਾ	Jan Naanak Har Kaa Dhaas Hai Gur Sathigur Kae Gol Golae ||2||	Servant Nanak is the Lord's slave, the slave of the slaves of the Guru, the True Guru. ||2||	ਦਾਸ ਨਾਨਕ ਪ੍ਰਭੂ ਦਾ ਦਾਸ ਹੈ ਤੇ ਗੁਰੂ ਸਤਿਗੁਰੂ ਦੇ ਦਾਸਾਂ ਦਾ ਦਾਸ ਹੈ ॥੨॥
27928	642	ਪਉੜੀ॥		Pourree ||	Pauree:	
27929	642	ਤੂ ਆਪੇ ਸਿਸਟਿ ਕਰਤਾ ਸਿਰਜਣਹਾਰਿਆ॥		Thoo Aapae Sisatt Karathaa Sirajanehaariaa ||	You Yourself are the Creator, the Fashioner of the world.	ਹੇ ਸਿਰਜਣਹਾਰ! ਤੂੰ ਆਪ ਹੀ ਸੰਸਾਰ ਦੇ ਰਚਣ ਵਾਲਾ ਹੈਂ;

27930	642	ਤੁਧੁ ਆਪੇ ਖੇਲੁ ਰਚਾਇ ਤੁਧੁ ਆਪਿ ਸਵਾਰਿਆ॥		Thudhh Aapae Khael Rachaae Thudhh Aap Savaariaa ||	You Yourself have arranged the play, and You Yourself arrange it.	(ਸੰਸਾਰ-ਰੂਪ) ਖੇਡ ਬਣਾ ਕੇ ਤੂੰ ਆਪ ਹੀ ਇਸ ਨੂੰ ਸੋਹਣਾ ਬਣਾਇਆ ਹੈ; ਸੰਸਾਰ ਰਚਣ ਵਾਲਾ ਤੂੰ ਆਪ ਹੈਂ।
27931	642	ਦਾਤਾ ਕਰਤਾ ਆਪਿ ਆਪਿ ਭੋਗਣਹਾਰਿਆ॥		Dhaathaa Karathaa Aap Aap Bhoganehaariaa ||	You Yourself are the Giver and the Creator; You Yourself are the Enjoyer.	ਇਸ ਨੂੰ ਦਾਤਾਂ ਬਖ਼ਸ਼ਣ ਵਾਲਾ ਭੀ ਤੂੰ ਆਪ ਹੀ ਹੈਂ, ਉਹਨਾਂ ਦਾਤਾਂ ਨੂੰ ਭੋਗਣ ਵਾਲਾ ਭੀ ਤੂੰ ਹੀ ਹੈਂ;
27932	642	ਸਭੁ ਤੇਰਾ ਸਬਦੁ ਵਰਤੈ ਉਪਾਵਣਹਾਰਿਆ॥		Sabh Thaeraa Sabadh Varathai Oupaavanehaariaa ||	The Word of Your Shabad is pervading everywhere, O Creator Lord.	ਹੇ (ਜਗਤ ਨੂੰ) ਪੈਦਾ ਕਰਨ ਵਾਲੇ! ਸਭ ਥਾਈਂ ਤੇਰੀ ਜੀਵਨ-ਰੌ ਵਰਤ ਰਹੀ ਹੈ।
27933	642	ਹਉ ਗੁਰਮੁਖਿ ਸਦਾ ਸਲਾਹੀ ਗੁਰ ਕਉ ਵਾਰਿਆ॥੧॥		Ho Guramukh Sadhaa Salaahee Gur Ko Vaariaa ||1||	As Gurmukh, I ever praise the Lord; I am a sacrifice to the Guru. ||1||	(ਪਰ) ਮੈਂ ਆਪਣੇ ਸਤਿਗੁਰੂ ਤੋਂ ਸਦਕੇ ਹਾਂ ਜਿਸ ਦੇ ਸਨਮੁਖ ਹੋ ਕੇ ਤੇਰੀ ਸਿਫ਼ਤ-ਸਾਲਾਹ ਸਦਾ ਕਰ ਸਕਦਾ ਹਾਂ ॥੧॥
27934	643	ਸਲੋਕੁ ਮਃ ੩॥		Salok Ma 3 ||	Shalok, Third Mehl:	
27935	643	ਹਉਮੈ ਜਲਤੇ ਜਲਿ ਮੁਏ ਭ੍ਰਮਿ ਆਏ ਦੂਜੈ ਭਾਇ॥		Houmai Jalathae Jal Mueae Bhram Aaeae Dhoojai Bhaae ||	In the flames of egotism, he is burnt to death; he wanders in doubt and the love of duality.	(ਸੰਸਾਰੀ ਜੀਵ) ਹਉਮੈ ਵਿਚ ਸੜਦੇ ਹੋਏ ਸੜ ਮੁਏ ਸਨ ਤੇ ਮਾਇਆ ਦੇ ਮੋਹ ਵਿਚ ਭਟਕ ਭਟਕ ਕੇ ਜਦੋਂ ਗੁਰੂ ਦੇ ਦਰ ਤੇ ਆਏ,

27936	643	ਪੂਰੈ ਸਤਿਗੁਰਿ ਰਾਖਿ ਲੀਏ ਆਪਣੈ ਪੰਨੈ ਪਾਇ॥	(ਪੰਨੈ) ਪਿਆਰੇ ਬਣਾਕੇ	Poorai Sathigur Raakh Leeeae Aapanai Pannai Paae ||	The Perfect True Guru saves him, making him His own.	ਤਾਂ ਪੂਰੇ ਸਤਿਗੁਰੂ ਨੇ ਆਪਣੇ ਲੜ ਲਾ ਕੇ ਬਚਾ ਲਏ ਹਨ।
27937	643	ਇਹੁ ਜਗੁ ਜਲਤਾ ਨਦਰੀ ਆਇਆ ਗੁਰ ਕੈ ਸਬਦਿ ਸੁਭਾਇ॥	ਜੱਗੁ	Eihu Jag Jalathaa Nadharee Aaeiaa Gur Kai Sabadh Subhaae ||	This world is burning; through the Sublime Word of the Guru's Shabad, this comes to be seen.	ਉਹਨਾਂ ਨੂੰ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਸੁਭਾਵਿਕ ਹੀ ਇਹ ਸੰਸਾਰ ਸੜਦਾ ਦਿੱਸਿਆ,
27938	643	ਸਬਦਿ ਰਤੇ ਸੇ ਸੀਤਲ ਭਏ ਨਾਨਕ ਸਚੁ ਕਮਾਇ॥੧॥		Sabadh Rathae Sae Seethal Bheae Naanak Sach Kamaae ||1||	Those who are attuned to the Shabad are cooled and soothed; O Nanak, they practice Truth. ||1||	ਤਾਂ ਹੇ ਨਾਨਕ! ਉਹ ਗੁਰੂ ਦੇ ਸ਼ਬਦ ਵਿਚ ਰੰਗੀਜ ਕੇ ਤੇ ਨਾਮ-ਸਿਮਰਨ ਦੀ ਕਮਾਈ ਕਰ ਕੇ ਠੰਢੇ-ਠਾਰ ਹੋ ਗਏ ॥੧॥
27939	643	ਮਃ ੩॥		Ma 3 ||	Third Mehl:	
27940	643	ਸਫਲਿਓ ਸਤਿਗੁਰੁ ਸੇਵਿਆ ਧੰਨੁ ਜਨਮੁ ਪਰਵਾਣੁ॥		Safaliou Sathigur Saeviaa Dhhann Janam Paravaan ||	Service to the True Guru is fruitful and rewarding; blessed and acceptable is such a life.	ਉਹਨਾਂ ਮਨੁੱਖਾਂ ਦਾ ਸੇਵਿਆ ਹੋਇਆ ਸਤਿਗੁਰੂ ਸਫਲ ਹੈ (ਭਾਵ, ਸਤਿਗੁਰੂ ਦੀ ਸੇਵਾ ਉਹਨਾਂ ਲਈ ਸਫਲ ਹੈ) ਤੇ ਉਹਨਾਂ ਦਾ ਜਨਮ ਭੀ ਸ਼ਲਾਘਾ-ਜੋਗ ਤੇ ਕਬੂਲ ਹੋਣ ਦੇ ਜੋਗ ਹੁੰਦਾ ਹੈ,

27941	643	ਜਿਨਾ ਸਤਿਗੁਰੁ ਜੀਵਦਿਆ ਮੁਇਆ ਨ ਵਿਸਰੈ ਸੇਈ ਪੁਰਖ ਸੁਜਾਣ॥		Jinaa Sathigur Jeevadhiaa Mueiaa N Visarai Saeee Purakh Sujaan ||	Those who do not forget the True Guru, in life and in death, are truly wise people.	ਉਹੀ ਮਨੁੱਖ ਸਿਆਣੇ (ਗਿਣੇ ਜਾਂਦੇ ਹਨ) ਜਿਨ੍ਹਾਂ ਨੂੰ ਸਾਰੀ ਉਮਰ ਕਦੇ ਭੀ ਆਪਣਾ ਸਤਿਗੁਰੂ ਨਹੀਂ ਭੁੱਲਦਾ।
27942	643	ਕੁਲੁ ਉਧਾਰੇ ਆਪਣਾ ਸੋ ਜਨੁ ਹੋਵੈ ਪਰਵਾਣੁ॥		Kul Oudhhaarae Aapanaa So Jan Hovai Paravaan ||	Their families are saved, and they are approved by the Lord.	(ਜੋ ਮਨੁੱਖ ਇਹੋ ਜਿਹੀ ਕਾਰ ਕਰਦਾ ਹੈ) ਉਹ ਆਪ ਕਬੂਲ ਹੋ ਜਾਂਦਾ ਹੈ ਤੇ ਆਪਣੀ ਕੁਲ ਨੂੰ ਭੀ ਤਾਰ ਲੈਂਦਾ ਹੈ।
27943	643	ਗੁਰਮੁਖਿ ਮੁਏ ਜੀਵਦੇ ਪਰਵਾਣੁ ਹਹਿ ਮਨਮੁਖ ਜਨਮਿ ਮਰਾਹਿ॥		Guramukh Mueae Jeevadhae Paravaan Hehi Manamukh Janam Maraahi ||	The Gurmukhs are approved in death as in life, while the self-willed manmukhs continue the cycle of birth and death.	ਸਤਿਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਜਿਉਂਦੇ ਵੀ ਅਤੇ ਮੋਏ ਵੀ ਕਬੂਲ ਹਨ, ਪਰ, ਮਨ ਦੇ ਅਧੀਨ ਮਨੁੱਖ ਜੰਮਦੇ ਮਰਦੇ ਰਹਿੰਦੇ ਹਨ;
27944	643	ਨਾਨਕ ਮੁਏ ਨ ਆਖੀਅਹਿ ਜਿ ਗੁਰ ਕੈ ਸਬਦਿ ਸਮਾਹਿ॥੨॥		Naanak Mueae N Aakheeahi J Gur Kai Sabadh Samaahi ||2||	O Nanak, they are not described as dead, who are absorbed in the Word of the Guru's Shabad. ||2||	ਹੇ ਨਾਨਕ! ਜੋ ਮਨੁੱਖ ਸਤਿਗੁਰੂ ਦੇ ਸ਼ਬਦ ਵਿਚ ਲੀਨ ਹੋ ਜਾਂਦੇ ਹਨ, ਉਹਨਾਂ ਨੂੰ ਮੁਏ ਹੋਏ ਨਹੀਂ ਆਖੀਦਾ ॥੨॥
27945	643	ਪਉੜੀ॥		Pourree ||	Pauree:	

27946	643	ਹਰਿ ਪੁਰਖੁ ਨਿਰੰਜਨੁ ਸੇਵਿ ਹਰਿ ਨਾਮੁ ਧਿਆਈਐ॥		Har Purakh Niranjan Saev Har Naam Dhhiaaeeai ||	Serve the Immaculate Lord God, and meditate on the Lord's Name.	ਮਾਇਆ ਤੋਂ ਰਹਿਤ ਅਕਾਲ ਪੁਰਖ ਦੀ ਸੇਵਾ ਕਰ ਕੇ ਉਸ ਦਾ ਨਾਮ ਸਿਮਰਨਾ ਚਾਹੀਦਾ ਹੈ;
27947	643	ਸਤਸੰਗਤਿ ਸਾਧੂ ਲਗਿ ਹਰਿ ਨਾਮਿ ਸਮਾਈਐ॥		Sathasangath Saadhhoo Lag Har Naam Samaaeeai ||	Join the Society of the Holy Saints, and be absorbed in the Lord's Name.	(ਪਰ) ਗੁਰੂ ਦੀ ਸੰਗਤਿ ਵਿਚ ਹੀ ਜੁੜ ਕੇ ਹਰੀ ਦੇ ਨਾਮ ਵਿਚ ਲੀਨ ਹੋ ਸਕੀਦਾ ਹੈ।
27948	643	ਹਰਿ ਤੇਰੀ ਵਡੀ ਕਾਰ ਮੈ ਮੂਰਖ ਲਾਈਐ॥		Har Thaeree Vaddee Kaar Mai Moorakh Laaeeai ||	O Lord, glorious and great is service to You; I am so foolish	ਹੇ ਹਰੀ! ਮੈਨੂੰ ਮੂਰਖ ਨੂੰ ਆਪਣੀ ਵੱਡੀ ਕਾਰ (ਭਾਵ, ਭਗਤੀ) ਵਿਚ ਜੋੜ ਲੈ;
27949	643	ਹਉ ਗੋਲਾ ਲਾਲਾ ਤੁਧੁ ਮੈ ਹੁਕਮੁ ਫੁਰਮਾਈਐ॥		Ho Golaa Laalaa Thudhh Mai Hukam Furamaaeeai ||	- please, commit me to it. I am Your servant and slave; command me, according to Your Will.	ਮੈਨੂੰ ਹੁਕਮ ਕਰ, ਮੈਂ ਤੇਰੇ ਦਾਸਾਂ ਦਾ ਦਾਸ ਹਾਂ;
27950	643	ਹਉ ਗੁਰਮੁਖਿ ਕਾਰ ਕਮਾਵਾ ਜਿ ਗੁਰਿ ਸਮਝਾਈਐ॥੨॥		Ho Guramukh Kaar Kamaavaa J Gur Samajhaaeeai ||2||	As Gurmukh, I shall serve You, as Guru has instructed me. ||2||	(ਮੇਹਰ ਕਰ ਕਿ) ਸਤਿਗੁਰੂ ਨੇ ਜੋ ਕਾਰ ਸਮਝਾਈ ਹੈ ਉਹ ਮੈਂ ਸਤਿਗੁਰੂ ਦੇ ਸਨਮੁਖ ਹੋ ਕੇ ਕਰਾਂ ॥੨॥
27951	643	ਸਲੋਕੁ ਮਃ ੩॥		Salok Ma 3 ||	Shalok, Third Mehl:	

27952	643	ਪੂਰਬਿ ਲਿਖਿਆ ਕਮਾਵਣਾ ਜਿ ਕਰਤੈ ਆਪਿ ਲਿਖਿਆਸੁ॥		Poorab Likhiaa Kamaavanaa J Karathai Aap Likhiaas ||	He acts according to pre-ordained destiny, written by the Creator Himself.	(ਪਿਛਲੇ ਕੀਤੇ ਕਰਮਾਂ ਅਨੁਸਾਰ) ਮੁੱਢ ਤੋਂ ਜੋ (ਸੰਸਕਾਰ-ਰੂਪ ਲੇਖ) ਲਿਖਿਆ (ਭਾਵ, ਉੱਕਰਿਆ) ਹੋਇਆ ਹੈ ਤੇ ਜੋ ਕਰਤਾਰ ਨੇ ਆਪ ਲਿਖ ਦਿੱਤਾ ਹੈ ਉਹ (ਜ਼ਰੂਰ) ਕਮਾਉਣਾ ਪੈਂਦਾ ਹੈ;
27953	643	ਮੋਹ ਠਗਉਲੀ ਪਾਈਅਨੁ ਵਿਸਰਿਆ ਗੁਣਤਾਸੁ॥		Moh Thagoulee Paaeean Visariaa Gunathaas ||	Emotional attachment has drugged him, and he has forgotten the Lord, the treasure of virtue.	(ਉਸ ਲੇਖ ਅਨੁਸਾਰ ਹੀ) ਮੋਹ ਦੀ ਠਗਬੂਟੀ (ਜਿਸ ਨੂੰ) ਮਿਲ ਗਈ ਹੈ ਉਸ ਨੂੰ ਗੁਣਾਂ ਦਾ ਖ਼ਜ਼ਾਨਾ ਹਰੀ ਵਿੱਸਰ ਗਿਆ ਹੈ।
27954	643	ਮਤੁ ਜਾਣਹੁ ਜਗੁ ਜੀਵਦਾ ਦੂਜੈ ਭਾਇ ਮੁਇਆਸੁ॥	ਮੁਇ-ਆਸੁ	Math Jaanahu Jag Jeevadhaa Dhoojai Bhaae Mueiaas ||	Don't think that he is alive in the world - he is dead, through the love of duality.	(ਉਸ) ਸੰਸਾਰ ਨੂੰ ਜੀਊਂਦਾ ਨਾ ਸਮਝੋ (ਜੋ) ਮਾਇਆ ਦੇ ਮੋਹ ਵਿਚ ਮੁਇਆ ਪਿਆ ਹੈ;
27955	643	ਜਿਨੀ ਗੁਰਮੁਖਿ ਨਾਮੁ ਨ ਚੇਤਿਓ ਸੇ ਬਹਣਿ ਨ ਮਿਲਨੀ ਪਾਸਿ॥	ਬਹ-ਣਿ	Jinee Guramukh Naam N Chaethiou Sae Behan N Milanee Paas ||	Those who do not meditate on the Lord, as Gurmukh, are not permitted to sit near the Lord.	ਜਿਨ੍ਹਾਂ ਨੇ ਸਤਿਗੁਰੂ ਦੇ ਸਨਮੁਖ ਹੋ ਕੇ ਨਾਮ ਨਹੀਂ ਸਿਮਰਿਆ, ਉਹਨਾਂ ਨੂੰ ਪ੍ਰਭੂ ਦੇ ਕੋਲ ਬਹਿਣਾ ਨਹੀਂ ਮਿਲਦਾ।
27956	643	ਦੁਖੁ ਲਾਗਾ ਬਹੁ ਅਤਿ ਘਣਾ ਪੁਤੁ ਕਲਤੁ ਨ ਸਾਥਿ ਕੋਈ ਜਾਸਿ॥	ਕ-ਲੱਤੁ	Dhukh Laagaa Bahu Ath Ghanaa Puth Kalath N Saathh Koee Jaas ||	They suffer the most horrible pain and suffering, and neither their sons nor their wives go along with them.	ਉਹ ਮਨਮੁਖ ਬਹੁਤ ਹੀ ਦੁੱਖੀ ਹੁੰਦੇ ਹਨ, (ਕਿਉਂਕਿ ਜਿਨ੍ਹਾਂ ਦੀ ਖ਼ਾਤਰ ਮਾਇਆ ਦੇ ਮੋਹ ਵਿਚ ਮੁਏ ਪਏ ਸਨ, ਉਹ) ਪੁੱਤ੍ਰ ਇਸਤ੍ਰੀ ਤਾਂ ਕੋਈ ਨਾਲ ਨਹੀਂ ਜਾਏਗਾ;

27957	643	ਲੋਕਾ ਵਿਚਿ ਮੁਹੁ ਕਾਲਾ ਹੋਆ ਅੰਦਰਿ ਉਭੇ ਸਾਸ॥	(ਉੱਭੇ) ਔਖੇ	Lokaa Vich Muhu Kaalaa Hoaa Andhar Oubhae Saas ||	Their faces are blackened among men, and they sigh in deep regret.	ਸੰਸਾਰ ਦੇ ਲੋਕਾਂ ਵਿਚ ਭੀ ਉਹਨਾਂ ਦਾ ਮੂੰਹ ਕਾਲਾ ਹੋਇਆ (ਭਾਵ, ਸ਼ਰਮਿੰਦੇ ਹੋਏ) ਤੇ ਹਾਹੁਕੇ ਲੈਂਦੇ ਹਨ;
27958	643	ਮਨਮੁਖਾ ਨੋ ਕੋ ਨ ਵਿਸਹੀ ਚੁਕਿ ਗਇਆ ਵੇਸਾਸੁ॥	(ਵਿਸਹੀ) ਭਰੋਸਾ। ਵਿਸਹੀ:ਪੋਲਾ ਬੋਲੋ	Manamukhaa No Ko N Visehee Chuk Gaeiaa Vaesaas ||	No one places any reliance in the self-willed manmukhs; trust in them is lost.	ਮਨਮੁਖਾਂ ਦਾ ਕੋਈ ਵਿਸਾਹ ਨਹੀਂ ਕਰਦਾ, ਉਹਨਾਂ ਦਾ ਇਤਬਾਰ ਮੁੱਕ ਜਾਂਦਾ ਹੈ।
27959	643	ਨਾਨਕ ਗੁਰਮੁਖਾ ਨੋ ਸੁਖੁ ਅਗਲਾ ਜਿਨਾ ਅੰਤਰਿ ਨਾਮ ਨਿਵਾਸੁ॥੧॥		Naanak Guramukhaa No Sukh Agalaa Jinaa Anthar Naam Nivaas ||1||	O Nanak, the Gurmukhs live in absolute peace; the Naam, the Name of the Lord, abides within them. ||1||	ਹੇ ਨਾਨਕ! ਗੁਰਮੁਖਾਂ ਨੂੰ ਬਹੁਤ ਸੁਖ ਹੁੰਦਾ ਹੈ ਕਿਉਂਕਿ ਉਹਨਾਂ ਦੇ ਹਿਰਦੇ ਵਿਚ ਨਾਮ ਦਾ ਨਿਵਾਸ ਹੁੰਦਾ ਹੈ ॥੧॥
27960	643	ਮਃ ੩॥		Ma 3 ||	Third Mehl:	
27961	643	ਸੇ ਸੈਣ ਸੇ ਸਜਣਾ ਜਿ ਗੁਰਮੁਖਿ ਮਿਲਹਿ ਸੁਭਾਇ॥	(ਸੈਣ) ਸਬੰਧੀ	Sae Sain Sae Sajanaa J Guramukh Milehi Subhaae ||	They alone are relatives, and they alone are friends, who, as Gurmukh, join together in love.	ਸਤਿਗੁਰੂ ਦੇ ਸਨਮੁਖ ਹੋਏ ਜੋ ਮਨੁੱਖ (ਆਪਾ ਨਿਵਾਰ ਕੇ ਪ੍ਰਭੂ ਵਿਚ ਸੁਭਾਵਿਕ ਹੀ) ਲੀਨ ਹੋ ਜਾਂਦੇ ਹਨ ਉਹ ਭਲੇ ਲੋਕ ਹਨ ਤੇ (ਸਾਡੇ) ਸਾਥੀ ਹਨ;
27962	643	ਸਤਿਗੁਰ ਕਾ ਭਾਣਾ ਅਨ ਦਿਨੁ ਕਰਹਿ ਸੇ ਸਚਿ ਰਹੇ ਸਮਾਇ॥		Sathigur Kaa Bhaanaa Anadhin Karehi Sae Sach Rehae Samaae ||	Night and day, they act according to the True Guru's Will; they remain absorbed in the True Name.	ਜੋ ਸਦਾ ਸਤਿਗੁਰੂ ਦਾ ਭਾਣਾ ਮੰਨਦੇ ਹਨ, ਉਹ ਸੱਚੇ ਹਰੀ ਵਿਚ ਸਮਾਏ ਰਹਿੰਦੇ ਹਨ।

27963	643	ਦੂਜੈ ਭਾਇ ਲਗੇ ਸਜਣ ਨ ਆਖੀਅਹਿ ਜਿ ਅਭਿਮਾਨੁ ਕਰਹਿ ਵੇਕਾਰ॥		Dhoojai Bhaae Lagae Sajan N Aakheeahi J Abhimaan Karehi Vaekaar ||	Those who are attached to the love of duality are not called friends; they practice egotism and corruption.	ਉਹਨਾਂ ਨੂੰ ਸੰਤ ਜਨ ਨਹੀਂ ਆਖੀਦਾ ਜੋ ਮਾਇਆ ਦੇ ਮੋਹ ਵਿਚ ਲੱਗੇ ਹੋਏ ਅਹੰਕਾਰ ਤੇ ਵਿਕਾਰ ਕਰਦੇ ਹਨ।
27964	643	ਮਨਮੁਖ ਆਪ ਸੁਆਰਥੀ ਕਾਰਜੁ ਨ ਸਕਹਿ ਸਵਾਰਿ॥		Manamukh Aap Suaarathhee Kaaraj N Sakehi Savaar ||	The self-willed manmukhs are selfish; they cannot resolve anyone's affairs.	ਮਨਮੁਖ ਆਪਣੇ ਮਤਲਬ ਦੇ ਪਿਆਰੇ (ਹੋਣ ਕਰ ਕੇ) ਕਿਸੇ ਦਾ ਕੰਮ ਨਹੀਂ ਸਵਾਰ ਸਕਦੇ;
27965	643	ਨਾਨਕ ਪੂਰਬਿ ਲਿਖਿਆ ਕਮਾਵਣਾ ਕੋਇ ਨ ਮੇਟਣਹਾਰੁ॥੨॥		Naanak Poorab Likhiaa Kamaavanaa Koe N Maettanehaar ||2||	O Nanak, they act according to their pre-ordained destiny; no one can erase it. ||2||	(ਪਰ) ਹੇ ਨਾਨਕ! (ਉਹਨਾਂ ਦੇ ਸਿਰ ਕੀਹ ਦੋਸ਼?) (ਪਿਛਲੇ ਕੀਤੇ ਕੰਮਾਂ ਅਨੁਸਾਰ) ਮੁੱਢ ਤੋਂ ਉੱਕਰਿਆ ਹੋਇਆ (ਸੰਸਕਾਰ-ਰੂਪ ਲੇਖ) ਕਮਾਉਣਾ ਪੈਂਦਾ ਹੈ, ਕੋਈ ਮਿਟਾਉਣ-ਜੋਗਾ ਨਹੀਂ ॥੨॥
27966	643	ਪਉੜੀ॥		Pourree ||	Pauree:	
27967	643	ਤੁਧੁ ਆਪੇ ਜਗਤੁ ਉਪਾਇ ਕੈ ਆਪਿ ਖੇਲੁ ਰਚਾਇਆ॥	ਜੱਗਤੁ	Thudhh Aapae Jagath Oupaae Kai Aap Khael Rachaaeiaa ||	You Yourself created the world, and You Yourself arranged the play of it.	ਹੇ ਹਰੀ! ਤੂੰ ਆਪ ਹੀ ਸੰਸਾਰ ਰਚ ਕੇ ਆਪ ਹੀ ਖੇਡ ਬਣਾਈ ਹੈ;

27968	643	ਤ੍ਰੈ ਗੁਣ ਆਪਿ ਸਿਰਜਿਆ ਮਾਇਆ ਮੋਹੁ ਵਧਾਇਆ॥		Thrai Gun Aap Sirajiaa Maaeiaa Mohu Vadhhaaeiaa ||	You Yourself created the three qualities, and fostered emotional attachment to Maya.	ਤੂੰ ਆਪ ਹੀ (ਮਾਇਆ ਦੇ) ਤਿੰਨ ਗੁਣ ਬਣਾਏ ਹਨ ਤੇ ਆਪ ਹੀ ਮਾਇਆ ਦਾ ਮੋਹ (ਜਗਤ ਵਿਚ) ਵਧਾ ਦਿੱਤਾ ਹੈ।
27969	643	ਵਿਚਿ ਹਉਮੈ ਲੇਖਾ ਮੰਗੀਐ ਫਿਰਿ ਆਵੈ ਜਾਇਆ॥		Vich Houmai Laekhaa Mangeeai Fir Aavai Jaaeiaa ||	He is called to account for his deeds done in egotism; he continues coming and going in reincarnation.	(ਇਸ ਮੋਹ ਤੋਂ ਉਪਜੇ) ਅਹੰਕਾਰ ਵਿਚ (ਲੱਗਿਆਂ) (ਦਰਗਾਹ ਵਿਚ) ਲੇਖਾ ਮੰਗੀਦਾ ਹੈ ਤੇ ਫਿਰ ਜੰਮਣਾ ਮਰਨਾ ਪੈਂਦਾ ਹੈ;
27970	643	ਜਿਨਾ ਹਰਿ ਆਪਿ ਕ੍ਰਿਪਾ ਕਰੇ ਸੇ ਗੁਰਿ ਸਮਝਾਇਆ॥		Jinaa Har Aap Kirapaa Karae Sae Gur Samajhaaeiaa ||	The Guru instructs those whom the Lord Himself blesses with Grace.	ਜਿਨ੍ਹਾਂ ਤੇ ਹਰੀ ਆਪ ਮੇਹਰ ਕਰਦਾ ਹੈ ਉਹਨਾਂ ਨੂੰ ਸਤਿਗੁਰੂ ਨੇ (ਇਹ) ਸਮਝ ਪਾ ਦਿੱਤੀ ਹੈ।
27971	643	ਬਲਿਹਾਰੀ ਗੁਰ ਆਪਣੇ ਸਦਾ ਸਦਾ ਘੁਮਾਇਆ॥੩॥		Balihaaree Gur Aapanae Sadhaa Sadhaa Ghumaaeiaa ||3||	I am a sacrifice to my Guru; forever and ever, I am a sacrifice to Him. ||3||	(ਇਸ ਕਰਕੇ) ਮੈਂ ਆਪਣੇ ਸਤਿਗੁਰੂ ਤੋਂ ਸਦਕੇ ਹਾਂ ਤੇ ਸਦਾ ਵਾਰਨੇ ਜਾਂਦਾ ਹਾਂ ॥੩॥
27972	643	ਸਲੋਕੁ ਮਃ ੩॥		Salok Ma 3 ||	Shalok, Third Mehl:	

27973	643	ਮਾਇਆ ਮਮਤਾ ਮੋਹਣੀ ਜਿਨਿ ਵਿਣੁ ਦੰਤਾ ਜਗੁ ਖਾਇਆ॥		Maaeiaa Mamathaa Mohanee Jin Vin Dhanthaa Jag Khaaeiaa ||	The love of Maya is enticing; without teeth, it has eaten up the world.	ਮਾਇਆ ਦੀ ਅਪਣੱਤ (ਭਾਵ, ਇਹ ਖ਼ਿਆਲ ਕਿ ਏਹ ਸ਼ੈ ਮੇਰੀ ਹੈ, ਇਹ ਧਨ ਮੇਰਾ ਹੈ,) ਮਨ ਨੂੰ ਮੋਹਣ ਵਾਲੀ ਹੈ, ਇਸ ਨੇ ਸੰਸਾਰ ਨੂੰ ਬਿਨਾਂ ਦੰਦਾਂ ਤੋਂ ਹੀ ਖਾ ਲਿਆ ਹੈ (ਭਾਵ, ਸਮੂਲਚਾ ਹੀ ਨਿਗਲ ਲਿਆ ਹੈ।)
27974	643	ਮਨਮੁਖ ਖਾਧੇ ਗੁਰਮੁਖਿ ਉਬਰੇ ਜਿਨੀ ਸਚਿ ਨਾਮਿ ਚਿਤੁ ਲਾਇਆ॥		Manamukh Khaadhhae Guramukh Oubarae Jinee Sach Naam Chith Laaeiaa ||	The self-willed manmukhs are eaten away, while the Gurmukhs are saved; they focus their consciousness on the True Name.	ਮਨਮੁਖ (ਇਸ 'ਮਮਤਾ' ਵਿਚ) ਗ੍ਰਸੇ ਗਏ ਹਨ, ਤੇ ਜਿਨ੍ਹਾਂ ਗੁਰਮੁਖਾਂ ਨੇ ਸੱਚੇ ਨਾਮ ਵਿਚ ਚਿੱਤ ਜੋੜਿਆ ਹੈ ਉਹ ਬਚ ਗਏ ਹਨ।
27975	643	ਬਿਨੁ ਨਾਵੈ ਜਗੁ ਕਮਲਾ ਫਿਰੈ ਗੁਰਮੁਖਿ ਨਦਰੀ ਆਇਆ॥		Bin Naavai Jag Kamalaa Firai Guramukh Nadharee Aaeiaa ||	Without the Name, the world wanders around insane; the Gurmukhs come to see this.	ਸਤਿਗੁਰੂ ਦੇ ਸਨਮੁਖ ਹੋ ਕੇ ਇਹ ਦਿੱਸ ਪੈਂਦਾ ਹੈ ਕਿ ਸੰਸਾਰ ਨਾਮ ਤੋਂ ਬਿਨਾ ਕਮਲਾ ਹੋਇਆ ਭਟਕਦਾ ਹੈ।
27976	644	ਧੰਧਾ ਕਰਤਿਆ ਨਿਹਫਲੁ ਜਨਮੁ ਗਵਾਇਆ ਸੁਖਦਾਤਾ ਮਨਿ ਨ ਵਸਾਇਆ॥		Dhhandhhaa Karathiaa Nihafal Janam Gavaaeiaa Sukhadhaathaa Man N Vasaaeiaa ||	Involved in worldly affairs, he wastes his life in vain; the peace-giving Lord does not come to abide in his mind.	ਮਾਇਆ ਦੇ ਕਜ਼ੀਏ ਕਰਦਿਆਂ ਮਨੁੱਖਾ ਜਨਮ ਨਿਸਫਲ ਗਵਾ ਲੈਂਦਾ ਹੈ ਤੇ ਸੁਖਦਾਤਾ ਨਾਮ ਮਨ ਵਿਚ ਨਹੀਂ ਵਸਾਉਂਦਾ।

27977	644	ਨਾਨਕ ਨਾਮੁ ਤਿਨਾ ਕਉ ਮਿਲਿਆ ਜਿਨ ਕਉ ਧੁਰਿ ਲਿਖਿ ਪਾਇਆ॥੧॥		Naanak Naam Thinaa Ko Miliaa Jin Ko Dhhur Likh Paaeiaa ||1||	O Nanak, they alone obtain the Name, who have such pre-ordained destiny. ||1||	(ਪਰ) ਹੇ ਨਾਨਕ! ਨਾਮ ਉਹਨਾਂ ਮਨੁੱਖਾਂ ਨੂੰ ਹੀ ਮਿਲਦਾ ਹੈ ਜਿਨ੍ਹਾਂ ਦੇ ਹਿਰਦੇ ਵਿਚ ਮੁੱਢ ਤੋਂ (ਕੀਤੇ ਕਰਮਾਂ ਦੇ ਅਨੁਸਾਰ) (ਸੰਸਕਾਰ-ਰੂਪ ਲੇਖ) ਉੱਕਰ ਕੇ ਪ੍ਰਭੂ ਨੇ ਰੱਖ ਦਿੱਤਾ ਹੈ ॥੧॥
27978	644	ਮਃ ੩॥		Ma 3 ||	Third Mehl:	
27979	644	ਘਰ ਹੀ ਮਹਿ ਅੰਮ੍ਰਿਤੁ ਭਰਪੂਰੁ ਹੈ ਮਨਮੁਖਾ ਸਾਦੁ ਨ ਪਾਇਆ॥		Ghar Hee Mehi Anmrith Bharapoor Hai Manamukhaa Saadh N Paaeiaa ||	The home within is filled with Ambrosial Nectar, but the self-willed manmukh does not get to taste it.	(ਨਾਮ-ਰੂਪ) ਅੰਮ੍ਰਿਤ (ਹਰੇਕ ਜੀਵ ਦੇ ਹਿਰਦੇ-ਰੂਪ) ਘਰ ਵਿਚ ਹੀ ਭਰਿਆ ਹੋਇਆ ਹੈ, (ਪਰ) ਮਨਮੁਖਾਂ ਨੂੰ (ਉਸ ਦਾ) ਸੁਆਦ ਨਹੀਂ ਆਉਂਦਾ।
27980	644	ਜਿਉ ਕਸਤੂਰੀ ਮਿਰਗੁ ਨ ਜਾਣੈ ਭ੍ਰਮਦਾ ਭਰਮਿ ਭੁਲਾਇਆ॥		Jio Kasathooree Mirag N Jaanai Bhramadhaa Bharam Bhulaaeiaa ||	He is like the deer, who does not recognize its own musk-scent; it wanders around, deluded by doubt.	ਜਿਵੇਂ ਹਰਨ (ਆਪਣੀ ਨਾਭੀ ਵਿਚ) ਕਸਤੂਰੀ ਨਹੀਂ ਸਮਝਦਾ ਤੇ ਭਰਮ ਵਿਚ ਭੁਲਾਇਆ ਹੋਇਆ ਭਟਕਦਾ ਹੈ, ਤਿਵੇਂ ਮਨਮੁਖ ਨਾਮ-ਅੰਮ੍ਰਿਤ ਨੂੰ ਛੱਡ ਕੇ ਵਿਹੁ ਨੂੰ ਇਕੱਠਾ ਕਰਦਾ ਹੈ,
27981	644	ਅੰਮ੍ਰਿਤੁ ਤਜਿ ਬਿਖੁ ਸੰਗ੍ਰਹੈ ਕਰਤੈ ਆਪਿ ਖੁਆਇਆ॥		Anmrith Thaj Bikh Sangrehai Karathai Aap Khuaaeiaa ||	The manmukh forsakes the Ambrosial Nectar, and instead gathers poison; the Creator Himself has fooled him.	(ਪਰ ਉਸ ਦੇ ਭੀ ਕੀਹ ਵੱਸ?) ਕਰਤਾਰ ਨੇ (ਉਸ ਦੇ ਪਿਛਲੇ ਕੀਤੇ ਅਨੁਸਾਰ) ਉਸ ਨੂੰ ਆਪ ਖੁੰਝਾਇਆ ਹੋਇਆ ਹੈ।

27982	644	ਗੁਰਮੁਖਿ ਵਿਰਲੇ ਸੋਝੀ ਪਈ ਤਿਨਾ ਅੰਦਰਿ ਬ੍ਰਹਮੁ ਦਿਖਾਇਆ॥		Guramukh Viralae Sojhee Pee Thinaa Andhar Breham Dhikhaaeiaa ||	How rare are the Gurmukhs, who obtain this understanding; they behold the Lord God within themselves.	ਵਿਰਲੇ ਗੁਰਮੁਖਾਂ ਨੂੰ ਸਮਝ ਪੈਂਦੀ ਹੈ, ਉਹਨਾਂ ਨੂੰ ਹਿਰਦੇ ਵਿਚ ਹੀ (ਪਰਮਾਤਮਾ ਦਿੱਸ ਪੈਂਦਾ ਹੈ;
27983	644	ਤਨੁ ਮਨੁ ਸੀਤਲੁ ਹੋਇਆ ਰਸਨਾ ਹਰਿ ਸਾਦੁ ਆਇਆ॥		Than Man Seethal Hoeiaa Rasanaa Har Saadh Aaeiaa ||	Their minds and bodies are cooled and soothed, and their tongues enjoy the sublime taste of the Lord.	ਉਹਨਾਂ ਦਾ ਮਨ ਤੇ ਸਰੀਰ ਠੰਢੇ-ਠਾਰ ਹੋ ਜਾਂਦੇ ਹਨ ਤੇ ਜੀਭ ਨਾਲ (ਜਪ ਕੇ) ਉਹਨਾਂ ਨੂੰ ਨਾਮ ਦਾ ਸੁਆਦ ਆ ਜਾਂਦਾ ਹੈ।
27984	644	ਸਬਦੇ ਹੀ ਨਾਉ ਊਪਜੈ ਸਬਦੇ ਮੇਲਿ ਮਿਲਾਇਆ॥		Sabadhae Hee Naao Oopajai Sabadhae Mael Milaaeiaa ||	Through the Word of the Shabad, the Name wells up; through the Shabad, we are united in the Lord's Union.	ਸਤਿਗੁਰੂ ਦੇ ਸ਼ਬਦ ਨਾਲ ਹੀ ਨਾਮ (ਦਾ ਅੰਗੂਰ ਹਿਰਦੇ ਵਿਚ) ਉੱਗਦਾ ਹੈ ਤੇ ਸ਼ਬਦ ਦੀ ਰਾਹੀਂ ਹੀ ਹਰੀ ਨਾਲ ਮੇਲ ਹੁੰਦਾ ਹੈ;
27985	644	ਬਿਨੁ ਸਬਦੈ ਸਭੁ ਜਗੁ ਬਉਰਾਨਾ ਬਿਰਥਾ ਜਨਮੁ ਗਵਾਇਆ॥		Bin Sabadhai Sabh Jag Bouraanaa Birathhaa Janam Gavaaeiaa ||	Without the Shabad, the whole world is insane, and it loses its life in vain.	ਸ਼ਬਦ ਤੋਂ ਬਿਨਾ ਸਾਰਾ ਸੰਸਾਰ ਪਾਗਲ ਹੋਇਆ ਪਿਆ ਹੈ ਤੇ ਮਨੁੱਖਾ ਜਨਮ ਵਿਅਰਥ ਗਵਾਉਂਦਾ ਹੈ।

27986	644	ਅੰਮ੍ਰਿਤੁ ਏਕੋ ਸਬਦੁ ਹੈ ਨਾਨਕ ਗੁਰਮੁਖਿ ਪਾਇਆ॥੨॥		Anmrith Eaeko Sabadh Hai Naanak Guramukh Paaeiaa ||2||	The Shabad alone is Ambrosial Nectar; O Nanak, the Gurmukhs obtain it. ||2||	ਹੇ ਨਾਨਕ! ਗੁਰੂ ਦਾ ਇਕ ਸ਼ਬਦ ਹੀ ਆਤਮਕ ਜੀਵਨ ਦੇਣ ਵਾਲਾ ਜਲ ਹੈ ਜੋ ਸਤਿਗੁਰੂ ਦੇ ਸਨਮੁਖ ਮਨੁੱਖ ਨੂੰ ਮਿਲਦਾ ਹੈ ॥੨॥
27987	644	ਪਉੜੀ॥		Pourree ||	Pauree:	
27988	644	ਸੋ ਹਰਿ ਪੁਰਖੁ ਅਗੰਮੁ ਹੈ ਕਹੁ ਕਿਤੁ ਬਿਧਿ ਪਾਈਐ॥		So Har Purakh Aganm Hai Kahu Kith Bidhh Paaeeai ||	The Lord God is inaccessible; tell me, how can we find Him?	ਹੇ ਭਾਈ! ਦੱਸ ਉਹ ਹਰੀ, ਜੋ ਅਗੰਮ ਪੁਰਖ ਹੈ, ਕਿਸ ਤਰ੍ਹਾਂ ਮਿਲ ਸਕਦਾ ਹੈ?
27989	644	ਤਿਸੁ ਰੂਪੁ ਨ ਰੇਖ ਅਦ੍ਰਿਸਟੁ ਕਹੁ ਜਨ ਕਿਉ ਧਿਆਈਐ॥	ਅਦ੍ਰਿਸਟੁ	This Roop N Raekh Adhrisatt Kahu Jan Kio Dhhiaaeeai ||	He has no form or feature, and He cannot be seen; tell me, how can we meditate on Him?	ਉਸ ਦਾ ਕੋਈ ਰੂਪ ਨਹੀਂ, ਕੋਈ ਰੇਖ ਨਹੀਂ, ਦਿੱਸਦਾ ਭੀ ਨਹੀਂ, ਉਸ ਨੂੰ ਕਿਵੇਂ ਸਿਮਰੀਏ?
27990	644	ਨਿਰੰਕਾਰੁ ਨਿਰੰਜਨੁ ਹਰਿ ਅਗਮੁ ਕਿਆ ਕਹਿ ਗੁਣ ਗਾਈਐ॥		Nirankaar Niranjan Har Agam Kiaa Kehi Gun Gaaeeai ||	The Lord is formless, immaculate and inaccessible; which of His Virtues should we speak of and sing?	ਸ਼ਕਲ ਤੋਂ ਬਿਨਾ ਹੈ, ਮਾਇਆ ਤੋਂ ਰਹਿਤ ਹੈ, ਪਹੁੰਚ ਤੋਂ ਪਰੇ ਹੈ, ਸੋ, ਕੀਹ ਆਖ ਕੇ ਉਸ ਦੀ ਸਿਫ਼ਤ-ਸਾਲਾਹ ਕਰੀਏ?

27991	644	ਜਿਸੁ ਆਪਿ ਬੁਝਾਏ ਆਪਿ ਸੁ ਹਰਿ ਮਾਰਗਿ ਪਾਈਐ॥	ਬੁੱਝਾਏ	Jis Aap Bujhaaeae Aap S Har Maarag Paaeeai ||	They alone walk on the Lord's Path, whom the Lord Himself instructs.	ਜਿਸ ਮਨੁੱਖ ਨੂੰ ਆਪ ਪ੍ਰਭੂ ਸਮਝ ਦੇਂਦਾ ਹੈ ਉਹ ਪ੍ਰਭੂ ਦੇ ਰਾਹ ਤੇ ਤੁਰਦਾ ਹੈ;
27992	644	ਗੁਰਿ ਪੂਰੈ ਵੇਖਾਲਿਆ ਗੁਰ ਸੇਵਾ ਪਾਈਐ॥੪॥		Gur Poorai Vaekhaaliaa Gur Saevaa Paaeeai ||4||	The Perfect Guru has revealed Him to me; serving the Guru, He is found. ||4||	ਪੂਰੇ ਗੁਰੂ ਨੇ ਹੀ ਉਸ ਦਾ ਦੀਦਾਰ ਕਰਾਇਆ ਹੈ, ਗੁਰੂ ਦੀ ਦੱਸੀ ਕਾਰ ਕੀਤਿਆਂ ਹੀ ਉਹ ਮਿਲਦਾ ਹੈ ॥੪॥
27993	644	ਸਲੋਕੁ ਮਃ ੩॥		Salok Ma 3 ||	Shalok, Third Mehl:	
27994	644	ਜਿਉ ਤਨੁ ਕੋਲੂ ਪੀੜੀਐ ਰਤੁ ਨ ਭੋਰੀ ਡੇਹਿ॥	(ਰਤੁ) ਪ੍ਰੀਤੀ। ਰਤੁ:ਪੋਲਾ ਬੋਲੋ	Jio Than Koloo Peerreeai Rath N Bhoree Ddaehi ||	It is as if my body has been crushed in the oil-press, without yielding even a drop of blood;	ਜੇ ਮੇਰਾ ਸਰੀਰ ਰਤਾ ਭਰ ਭੀ ਲਹੂ ਨਾ ਦੇਵੇ ਭਾਵੇਂ ਤਿਲਾਂ ਵਾਂਗ ਇਹ ਕੋਹਲੂ ਵਿਚ ਪੀੜਿਆ ਜਾਏ, (ਭਾਵ, ਜੇ ਅਨੇਕਾਂ ਕਰੜੇ ਕਸ਼ਟ ਆਉਣ ਤੇ ਭੀ ਮੇਰੇ ਅੰਦਰ ਸਰੀਰ ਦੇ ਬਚੇ ਰਹਿਣ ਦੀ ਲਾਲਸਾ ਰਤਾ ਭੀ ਨਾ ਹੋਵੇ)
27995	644	ਜੀਉ ਵੰਞੈ ਚਉ ਖੰਨੀਐ ਸਚੇ ਸੰਦੜੈ ਨੇਹਿ॥	(ਚਉ) ਚਾਰ (ਖੰਨੀਐ) ਟੋਟੇ (ਵੰਞੈ) ਹੋ ਜਾਏ	Jeeo Vannjai Cho Khanneeai Sachae Sandharrai Naehi ||	It is as if my soul has been cut apart into pieces for the sake of the Love of the True Lord;	ਜੇ ਮੇਰੀ ਜਿੰਦ ਸੱਚੇ ਪ੍ਰਭੂ ਦੇ ਪਿਆਰ ਤੋਂ ਵਾਰਨੇ ਸਦਕੇ ਪਈ ਹੋਵੇ,
27996	644	ਨਾਨਕ ਮੇਲੁ ਨ ਚੁਕਈ ਰਾਤੀ ਅਤੈ ਡੇਹ॥੧॥		Naanak Mael N Chukee Raathee Athai Ddaeh ||1||	O Nanak, still, night and day, my Union with the Lord is not broken. ||1||	ਹੇ ਨਾਨਕ! ਤਾਂ ਹੀ ਪ੍ਰਭੂ ਨਾਲ ਮਿਲਾਪ ਨਾ ਦਿਨੇ ਨਾ ਰਾਤ (ਕਦੇ ਭੀ) ਨਹੀਂ ਟੁੱਟਦਾ ॥੧॥

27997	644	ਮਃ ੩॥		Ma 3 ||	Third Mehl:	
27998	644	ਸਜਣੁ ਮੈਡਾ ਰੰਗੁਲਾ ਰੰਗੁ ਲਾਏ ਮਨੁ ਲੇਇ॥		Sajan Maiddaa Rangulaa Rang Laaeae Man Laee ||	My Friend is so full of joy and love; He colors my mind with the color of His Love,	ਮੇਰਾ ਸੱਜਣ ਰੰਗੀਲਾ ਹੈ, ਮਨ ਲੈ ਕੇ (ਪ੍ਰੇਮ ਦਾ) ਰੰਗ ਲਾ ਦੇਂਦਾ ਹੈ।
27999	644	ਜਿਉ ਮਾਜੀਠੈ ਕਪੜੇ ਰੰਗੇ ਭੀ ਪਾਹੇਹਿ॥	(ਪਾਹੇਹਿ) ਪਾਹ ਦੇਕੇ	Jio Maajeethai Kaparrae Rangae Bhee Paahaehi ||	Like the fabric which is treated to retain the color of the dye.	ਜਿਵੇਂ ਕੱਪੜੇ ਭੀ ਪਾਹ ਦੇ ਕੇ ਮਜੀਠ ਵਿਚ ਰੰਗੇ ਜਾਂਦੇ ਹਨ (ਤਿਵੇਂ ਆਪਾ ਦੇ ਕੇ ਹੀ ਪ੍ਰੇਮ-ਰੰਗ ਮਿਲਦਾ ਹੈ);
28000	644	ਨਾਨਕ ਰੰਗੁ ਨ ਉਤਰੈ ਬਿਆ ਨ ਲਗੈ ਕੇਹ॥੨॥	(ਬਿਆ) ਦੂਜਾ	Naanak Rang N Outharai Biaa N Lagai Kaeh ||2||	O Nanak, this color does not depart, and no other color can be imparted to this fabric. ||2||	ਹੇ ਨਾਨਕ! (ਇਸ ਤਰ੍ਹਾਂ ਦਾ) ਰੰਗ ਫੇਰ ਨਹੀਂ ਲਹਿੰਦਾ ਅਤੇ ਨਾ ਹੀ ਕੋਈ ਹੋਰ ਚੜ੍ਹ ਸਕਦਾ ਹੈ (ਭਾਵ, ਕੋਈ ਹੋਰ ਚੀਜ਼ ਪਿਆਰੀ ਨਹੀਂ ਲੱਗ ਸਕਦੀ) ॥੨॥
28001	644	ਪਉੜੀ॥		Pourree ||	Pauree:	
28002	644	ਹਰਿ ਆਪਿ ਵਰਤੈ ਆਪਿ ਹਰਿ ਆਪਿ ਬੁਲਾਇਦਾ॥		Har Aap Varathai Aap Har Aap Bulaaeidhaa ||	The Lord Himself is pervading everywhere; the Lord Himself causes us to chant His Name.	ਹਰੀ ਆਪ ਹੀ ਸਭ ਵਿਚ ਵਿਆਪ ਰਿਹਾ ਹੈ ਅਤੇ ਆਪ ਹੀ ਸਭ ਨੂੰ ਬੁਲਾਉਂਦਾ ਹੈ (ਭਾਵ, ਆਪ ਹੀ ਹਰੇਕ ਵਿਚ ਬੋਲਦਾ ਹੈ);

28003	644	ਹਰਿ ਆਪੇ ਸ੍ਰਿਸਟਿ ਸਵਾਰਿ ਸਿਰਿ ਧੰਧੈ ਲਾਇਦਾ॥		Har Aapae Srisatt Savaar Sir Dhhandhhai Laaeidhaa ||	The Lord Himself created the creation; He commits all to their tasks.	ਸੰਸਾਰ ਨੂੰ ਆਪ ਹੀ ਰਚ ਕੇ ਹਰੇਕ ਜੀਵ ਨੂੰ ਮਾਇਆ ਦੇ ਕਜ਼ੀਏ ਵਿਚ ਲਾ ਦੇਂਦਾ ਹੈ।
28004	644	ਇਕਨਾ ਭਗਤੀ ਲਾਇ ਇਕਿ ਆਪਿ ਖੁਆਇਦਾ॥		Eikanaa Bhagathee Laae Eik Aap Khuaaeidhaa ||	He engages some in devotional worship, and others, He causes to stray.	ਇਕਨਾਂ ਨੂੰ ਆਪਣੀ ਭਗਤੀ ਵਿਚ ਲਾਉਂਦਾ ਹੈ ਤੇ ਕਈ ਜੀਵਾਂ ਨੂੰ ਆਪ ਹੀ ਭੁਲਾਉਂਦਾ ਹੈ;
28005	644	ਇਕਨਾ ਮਾਰਗਿ ਪਾਇ ਇਕਿ ਉਝੜਿ ਪਾਇਦਾ॥	ਉੱਝੜਿ	Eikanaa Maarag Paae Eik Oujharr Paaeidhaa ||	He places some on the Path, while He leads others into the wilderness.	ਇਕਨਾਂ ਨੂੰ ਸਿੱਧੇ ਰਾਹ ਤੇ ਤੋਰਦਾ ਹੈ ਤੇ ਇਕਨਾਂ ਨੂੰ ਕੁਰਾਹੇ ਪਾ ਦੇਂਦਾ ਹੈ।
28006	644	ਜਨੁ ਨਾਨਕੁ ਨਾਮੁ ਧਿਆਏ ਗੁਰਮੁਖਿ ਗੁਣ ਗਾਇਦਾ॥੫॥		Jan Naanak Naam Dhhiaaeae Guramukh Gun Gaaeidhaa ||5||	Servant Nanak meditates on the Naam, the Name of the Lord; as Gurmukh, he sings the Glorious Praises of the Lord. ||5||	ਦਾਸ ਨਾਨਕ ਭੀ (ਉਸ ਦੀ ਭਗਤੀ ਦੀ ਖ਼ਾਤਰ) ਨਾਮ ਸਿਮਰਦਾ ਹੈ ਤੇ ਸਤਿਗੁਰੂ ਦੇ ਸਨਮੁਖ ਹੋ ਕੇ (ਉਸ ਦੀ) ਸਿਫ਼ਤ-ਸਾਲਾਹ ਕਰਦਾ ਹੈ ॥੫॥
28007	644	ਸਲੋਕੁ ਮਃ ੩॥		Salok Ma 3 ||	Shalok, Third Mehl:	

28008	644	ਸਤਿਗੁਰ ਕੀ ਸੇਵਾ ਸਫਲੁ ਹੈ ਜੇ ਕੋ ਕਰੇ ਚਿਤੁ ਲਾਇ॥		Sathigur Kee Saevaa Safal Hai Jae Ko Karae Chith Laae ||	Service to the True Guru is fruitful and rewarding, if one performs it with his mind focused on it.	ਜੇ ਕੋਈ ਮਨੁੱਖ ਚਿੱਤ ਲਗਾ ਕੇ ਸੇਵਾ ਕਰੇ, ਤਾਂ ਸਤਿਗੁਰੂ ਦੀ (ਦੱਸੀ) ਸੇਵਾ ਜ਼ਰੂਰ ਫਲ ਲਾਂਦੀ ਹੈ;
28009	644	ਮਨਿ ਚਿੰਦਿਆ ਫਲੁ ਪਾਵਣਾ ਹਉਮੈ ਵਿਚਹੁ ਜਾਇ॥		Man Chindhiaa Fal Paavanaa Houmai Vichahu Jaae ||	The fruits of the mind's desires are obtained, and egotism departs from within.	ਮਨ-ਇੱਛਿਆ ਫਲ ਮਿਲਦਾ ਹੈ, ਅਹੰਕਾਰ ਮਨ ਵਿਚੋਂ ਦੂਰ ਹੁੰਦਾ ਹੈ;
28010	644	ਬੰਧਨ ਤੋੜੈ ਮੁਕਤਿ ਹੋਇ ਸਚੇ ਰਹੈ ਸਮਾਇ॥		Bandhhan Thorrai Mukath Hoe Sachae Rehai Samaae ||	His bonds are broken, and he is liberated; he remains absorbed in the True Lord.	(ਗੁਰੂ ਦੀ ਦੱਸੀ ਕਾਰ ਮਾਇਆ ਦੇ) ਬੰਧਨਾਂ ਨੂੰ ਤੋੜਦੀ ਹੈ (ਬੰਧਨਾਂ ਤੋਂ) ਖ਼ਲਾਸੀ ਹੋ ਜਾਂਦੀ ਹੈ ਤੇ ਸੱਚੇ ਹਰੀ ਵਿਚ ਮਨੁੱਖ ਸਮਾਇਆ ਰਹਿੰਦਾ ਹੈ।
28011	644	ਇਸੁ ਜਗ ਮਹਿ ਨਾਮੁ ਅਲਭੁ ਹੈ ਗੁਰਮੁਖਿ ਵਸੈ ਮਨਿ ਆਇ॥	ਅਲੱਭੁ	Eis Jag Mehi Naam Alabh Hai Guramukh Vasai Man Aae ||	It is so difficult to obtain the Naam in this world; it comes to dwell in the mind of the Gurmukh.	ਇਸ ਸੰਸਾਰ ਵਿਚ ਹਰੀ ਦਾ ਨਾਮ ਦੁਰਲੱਭ ਹੈ, ਸਤਿਗੁਰੂ ਦੇ ਸਨਮੁਖ ਮਨੁੱਖ ਦੇ ਮਨ ਵਿਚ ਆ ਕੇ ਵੱਸਦਾ ਹੈ;

28012	644	ਨਾਨਕ ਜੋ ਗੁਰੁ ਸੇਵਹਿ ਆਪਣਾ ਹਉ ਤਿਨ ਬਲਿਹਾਰੈ ਜਾਉ॥੧॥		Naanak Jo Gur Saevehi Aapanaa Ho Thin Balihaarai Jaao ||1||	O Nanak, I am a sacrifice to one who serves his True Guru. ||1||	ਹੇ ਨਾਨਕ! (ਆਖ-) ਮੈਂ ਸਦਕੇ ਹਾਂ ਉਹਨਾਂ ਤੋਂ ਜੋ ਆਪਣੇ ਸਤਿਗੁਰੂ ਦੀ ਦੱਸੀ ਕਾਰ ਕਰਦੇ ਹਨ ॥੧॥
28013	644	ਮਃ ੩॥		Ma 3 ||	Third Mehl:	
28014	644	ਮਨਮੁਖ ਮੰਨੁ ਅਜਿਤੁ ਹੈ ਦੂਜੈ ਲਗੈ ਜਾਇ॥	ਅਜਿੱਤੁ	Manamukh Mann Ajith Hai Dhoojai Lagai Jaae ||	The mind of the self-willed manmukh is so very stubborn; it is stuck in the love of duality.	ਮਨਮੁਖ ਦਾ ਮਨ ਉਸ ਦੇ ਕਾਬੂ ਤੋਂ ਬਾਹਰ ਹੈ, ਕਿਉਂਕਿ ਉਹ ਮਾਇਆ ਵਿਚ ਜਾ ਕੇ ਲੱਗਾ ਹੋਇਆ ਹੈ;
28015	644	ਤਿਸ ਨੋ ਸੁਖੁ ਸੁਪਨੈ ਨਹੀ ਦੁਖੇ ਦੁਖਿ ਵਿਹਾਇ॥		This No Sukh Supanai Nehee Dhukhae Dhukh Vihaae ||	He does not find peace, even in dreams; he passes his life in misery and suffering.	(ਸਿੱਟਾ ਇਹ ਕਿ) ਉਸ ਨੂੰ ਸੁਪਨੇ ਵਿਚ ਭੀ ਸੁਖ ਨਹੀਂ ਮਿਲਦਾ, (ਉਸ ਦੀ ਉਮਰ) ਸਦਾ ਦੁੱਖ ਵਿਚ ਹੀ ਗੁਜ਼ਰਦੀ ਹੈ।
28016	644	ਘਰਿ ਘਰਿ ਪੜਿ ਪੜਿ ਪੰਡਿਤ ਥਕੇ ਸਿਧ ਸਮਾਧਿ ਲਗਾਇ॥	ਥੱਕੇ, ਸਿੱਧ	Ghar Ghar Parr Parr Panddith Thhakae Sidhh Samaadhh Lagaae ||	The Pandits have grown weary of going door to door, reading and reciting their scriptures; the Siddhas have gone into their trances of Samaadhi.	ਅਨੇਕਾਂ ਪੰਡਿਤ ਲੋਕ ਪੜ੍ਹ ਪੜ੍ਹ ਕੇ ਤੇ ਸਿੱਧ ਸਮਾਧੀਆਂ ਲਾ ਲਾ ਕੇ ਥੱਕ ਗਏ ਹਨ,

28017	644	ਇਹੁ ਮਨੁ ਵਸਿ ਨ ਆਵਈ ਥਕੇ ਕਰਮ ਕਮਾਇ॥	ਵੱਸਿ	Eihu Man Vas N Aavee Thhakae Karam Kamaae ||	This mind cannot be controlled; they are tired of performing religious rituals.	ਕਈ ਕਰਮ ਕਰ ਕੇ ਥੱਕ ਗਏ ਹਨ; (ਪੜ੍ਹਨ ਨਾਲ ਤੇ ਸਮਾਧੀਆਂ ਨਾਲ) ਇਹ ਮਨ ਕਾਬੂ ਨਹੀਂ ਆਉਂਦਾ।
28018	644	ਭੇਖਧਾਰੀ ਭੇਖ ਕਰਿ ਥਕੇ ਅਠਿਸਠਿ ਤੀਰਥ ਨਾਇ॥	ਅੱਠਸਠਿ, ਨ੍ਹਾਇ	Bhaekhadhhaaree Bhaekh Kar Thhakae Athisath Theerathh Naae ||	The impersonators have grown weary of wearing false costumes, and bathing at the sixty-eight sacred shrines.	ਭੇਖ ਕਰਨ ਵਾਲੇ ਮਨੁੱਖ (ਭਾਵ, ਸਾਧੂ ਲੋਕ) ਕਈ ਭੇਖ ਕਰ ਕੇ ਤੇ ਅਠਾਹਠ ਤੀਰਥਾਂ ਤੇ ਨ੍ਹਾ ਕੇ ਥੱਕ ਗਏ ਹਨ;
28019	645	ਮਨ ਕੀ ਸਾਰ ਨ ਜਾਣਨੀ ਹਉਮੈ ਭਰਮਿ ਭੁਲਾਇ॥		Man Kee Saar N Jaananee Houmai Bharam Bhulaae ||	They do not know the state of their own minds; they are deluded by doubt and egotism.	ਹਉਮੈ ਤੇ ਭਰਮ ਵਿਚ ਭੁੱਲੇ ਹੋਇਆਂ ਨੂੰ ਮਨ ਦੀ ਸਾਰ ਨਹੀਂ ਆਈ।
28020	645	ਗੁਰ ਪਰਸਾਦੀ ਭਉ ਪਇਆ ਵਡਭਾਗਿ ਵਸਿਆ ਮਨਿ ਆਇ॥		Gur Parasaadhee Bho Paeiaa Vaddabhaag Vasiaa Man Aae ||	By Guru's Grace, the Fear of God is obtained; by great good fortune, the Lord comes to abide in the mind.	ਵੱਡੇ ਭਾਗ ਨਾਲ ਸਤਿਗੁਰੂ ਦੀ ਕਿਰਪਾ ਰਾਹੀਂ ਭਉ ਉਪਜਦਾ ਹੈ ਤੇ ਮਨ ਵਿਚ ਆ ਕੇ ਵੱਸਦਾ ਹੈ;
28021	645	ਭੈ ਪਇਐ ਮਨੁ ਵਸਿ ਹੋਆ ਹਉਮੈ ਸਬਦਿ ਜਲਾਇ॥	ਵੱਸਿ	Bhai Paeiai Man Vas Hoaa Houmai Sabadh Jalaae ||	When the Fear of God comes, the mind is restrained, and through the Word of the Shabad, the ego is burnt away.	(ਹਰੀ ਦਾ) ਭਉ ਉਪਜਿਆਂ ਹੀ, ਤੇ ਹਉਮੈ ਸਤਿਗੁਰੂ ਦੇ ਸ਼ਬਦ ਨਾਲ ਸਾੜ ਕੇ ਹੀ ਮਨ ਵੱਸ ਵਿਚ ਆਉਂਦਾ ਹੈ।

28022	645	ਸਚਿ ਰਤੇ ਸੇ ਨਿਰਮਲੇ ਜੋਤੀ ਜੋਤਿ ਮਿਲਾਇ॥		Sach Rathae Sae Niramalae Jothee Joth Milaae ||	Those who are imbued with Truth are immaculate; their light merges in the Light.	ਜੋ ਮਨੁੱਖ ਜੋਤੀ-ਪ੍ਰਭੂ ਵਿਚ ਆਪਣੀ ਬ੍ਰਿਤੀ ਮਿਲਾ ਕੇ ਸੱਚੇ ਵਿਚ ਰੰਗੇ ਗਏ ਹਨ, ਉਹ ਨਿਰਮਲ ਹੋ ਗਏ ਹਨ;
28023	645	ਸਤਿਗੁਰਿ ਮਿਲਿਐ ਨਾਉ ਪਾਇਆ ਨਾਨਕ ਸੁਖਿ ਸਮਾਇ॥੨॥		Sathigur Miliai Naao Paaeiaa Naanak Sukh Samaae ||2||	Meeting the True Guru, one obtains the Name; O Nanak, he is absorbed in peace. ||2||	(ਪਰ) ਹੇ ਨਾਨਕ! ਸਤਿਗੁਰੂ ਦੇ ਮਿਲਿਆਂ ਹੀ ਨਾਮ ਮਿਲਦਾ ਹੈ ਤੇ ਸੁਖ ਵਿਚ ਸਮਾਈ ਹੁੰਦੀ ਹੈ ॥੨॥
28024	645	ਪਉੜੀ॥		Pourree ||	Pauree:	
28025	645	ਏਹ ਭੂਪਤਿ ਰਾਣੇ ਰੰਗ ਦਿਨ ਚਾਰਿ ਸੁਹਾਵਣਾ॥		Eaeh Bhoopath Raanae Rang Dhin Chaar Suhaavanaa ||	The pleasures of kings and emperors are pleasing, but they last for only a few days.	ਰਾਜਿਆਂ ਤੇ ਰਾਣਿਆਂ ਦੇ ਇਹ ਰੰਗ ਚਾਰ ਦਿਨਾਂ (ਭਾਵ, ਥੋੜੇ ਚਿਰ) ਲਈ ਸੋਭਨੀਕ ਹੁੰਦੇ ਹਨ;
28026	645	ਏਹੁ ਮਾਇਆ ਰੰਗੁ ਕਸੁੰਭ ਖਿਨ ਮਹਿ ਲਹਿ ਜਾਵਣਾ॥		Eaehu Maaeiaa Rang Kasunbh Khin Mehi Lehi Jaavanaa ||	These pleasures of Maya are like the color of the safflower, which wears off in a moment.	ਮਾਇਆ ਦਾ ਇਹ ਰੰਗ ਕਸੁੰਭੇ ਦਾ ਰੰਗ ਹੈ (ਭਾਵ, ਕਸੁੰਭੇ ਵਾਂਗ ਛਿਨ-ਭੰਗੁਰ ਹੈ), ਛਿਨ ਮਾਤ੍ਰ ਵਿਚ ਲਹਿ ਜਾਏਗਾ,
28027	645	ਚਲਦਿਆ ਨਾਲਿ ਨ ਚਲੈ ਸਿਰਿ ਪਾਪ ਲੈ ਜਾਵਣਾ॥		Chaladhiaa Naal N Chalai Sir Paap Lai Jaavanaa ||	They do not go with him when he departs; instead, he carries the load of sins upon his head.	(ਸੰਸਾਰ ਤੋਂ) ਤੁਰਨ ਵੇਲੇ ਮਾਇਆ ਨਾਲ ਨਹੀਂ ਜਾਂਦੀ, (ਪਰ ਇਸ ਦੇ ਕਾਰਨ ਕੀਤੇ) ਪਾਪ ਆਪਣੇ ਸਿਰ ਤੇ ਲੈ ਜਾਈਦੇ ਹਨ।

28028	645	ਜਾਂ ਪਕੜਿ ਚਲਾਇਆ ਕਾਲਿ ਤਾਂ ਖਰਾ ਡਰਾਵਣਾ॥		Jaan Pakarr Chalaaeiaa Kaal Thaan Kharaa Ddaraavanaa ||	When death seizes him, and marches him away, then he looks absolutely hideous.	ਜਦੋਂ ਜਮ-ਕਾਲ ਨੇ ਫੜ ਕੇ ਅੱਗੇ ਲਾ ਲਿਆ, ਤਾਂ (ਜੀਵ) ਡਾਢਾ ਭੈ-ਭੀਤ ਹੁੰਦਾ ਹੈ;
28029	645	ਓਹ ਵੇਲਾ ਹਥਿ ਨ ਆਵੈ ਫਿਰਿ ਪਛੁਤਾਵਣਾ॥੬॥		Ouh Vaelaa Hathh N Aavai Fir Pashhuthaavanaa ||6||	That lost opportunity will not come into his hands again, and in the end, he regrets and repents. ||6||	(ਮਨੁੱਖ-ਜਨਮ ਵਾਲਾ) ਉਹ ਸਮਾ ਫੇਰ ਮਿਲਦਾ ਨਹੀਂ, ਇਸ ਵਾਸਤੇ ਪਛੁਤਾਉਂਦਾ ਹੈ ॥੬॥
28030	645	ਸਲੋਕੁ ਮਃ ੩॥		Salok Ma 3 ||	Shalok, Third Mehl:	
28031	645	ਸਤਿਗੁਰ ਤੇ ਜੋ ਮੁਹ ਫਿਰੇ ਸੇ ਬਧੇ ਦੁਖ ਸਹਾਹਿ॥		Sathigur Thae Jo Muh Firae Sae Badhhae Dhukh Sehaahi ||	Those who turn their faces away from the True Guru, suffer in sorrow and bondage.	ਜੋ ਮਨੁੱਖ ਸਤਿਗੁਰੂ ਵਲੋਂ ਮਨਮੁਖ ਹਨ, ਉਹ (ਅੰਤ ਨੂੰ) ਬੱਧੇ ਦੁਖ ਸਹਿੰਦੇ ਹਨ,
28032	645	ਫਿਰਿ ਫਿਰਿ ਮਿਲਣੁ ਨ ਪਾਇਨੀ ਜੰਮਹਿ ਤੈ ਮਰਿ ਜਾਹਿ॥		Fir Fir Milan N Paaeinee Janmehi Thai Mar Jaahi ||	Again and again, they are born only to die; they cannot meet their Lord.	ਪ੍ਰਭੂ ਨੂੰ ਮਿਲ ਨਹੀਂ ਸਕਦੇ, ਮੁੜ ਮੁੜ ਜੰਮਦੇ ਤੇ ਮਰਦੇ ਹਨ;
28033	645	ਸਹਸਾ ਰੋਗੁ ਨ ਛੋਡਈ ਦੁਖ ਹੀ ਮਹਿ ਦੁਖ ਪਾਹਿ॥		Sehasaa Rog N Shhoddee Dhukh Hee Mehi Dhukh Paahi ||	The disease of doubt does not depart, and they find only pain and more pain.	ਉਹਨਾਂ ਨੂੰ ਚਿੰਤਾ ਦਾ ਰੋਗ ਕਦੇ ਨਹੀਂ ਛੱਡਦਾ, ਸਦਾ ਦੁਖੀ ਹੀ ਰਹਿੰਦੇ ਹਨ।

28034	645	ਨਾਨਕ ਨਦਰੀ ਬਖਸਿ ਲੇਹਿ ਸਬਦੇ ਮੇਲਿ ਮਿਲਾਹਿ॥੧॥		Naanak Nadharee Bakhas Laehi Sabadhae Mael Milaahi ||1||	O Nanak, if the Gracious Lord forgives, then one is united in Union with the Word of the Shabad. ||1||	ਹੇ ਨਾਨਕ! ਕ੍ਰਿਪਾ-ਦ੍ਰਿਸ਼ਟੀ ਵਾਲਾ ਪ੍ਰਭੂ ਜੇ ਉਹਨਾਂ ਨੂੰ ਬਖ਼ਸ਼ ਲਏ ਤਾਂ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਉਸ ਵਿਚ ਮਿਲ ਜਾਂਦੇ ਹਨ ॥੧॥
28035	645	ਮਃ ੩॥		Ma 3 ||	Third Mehl:	
28036	645	ਜੋ ਸਤਿਗੁਰ ਤੇ ਮੁਹ ਫਿਰੇ ਤਿਨਾ ਠਉਰ ਨ ਠਾਉ॥		Jo Sathigur Thae Muh Firae Thinaa Thour N Thaao ||	Those who turn their faces away from the True Guru, shall find no place of rest or shelter.	ਜੋ ਮਨੁੱਖ ਸਤਿਗੁਰੂ ਤੋਂ ਮਨਮੁਖ ਹਨ ਉਹਨਾਂ ਦਾ ਨਾਹ ਥਾਂ ਨਾਹ ਥਿੱਤਾ;
28037	645	ਜਿਉ ਛੁਟੜਿ ਘਰਿ ਘਰਿ ਫਿਰੈ ਦੁਹਚਾਰਣਿ ਬਦਨਾਉ॥	(ਬਦਨਾਉ) ਬਦਨਾਮ। ਛੁੱਟੜਿ	Jio Shhuttarr Ghar Ghar Firai Dhuhachaaran Badhanaao ||	They wander around from door to door, like a woman forsaken, with a bad character and a bad reputation.	ਉਹ ਵਿਭਚਾਰਨ ਛੁੱਟੜ ਇਸਤ੍ਰੀ ਵਾਂਗ ਹਨ, ਜੋ ਘਰ ਘਰ ਵਿਚ ਬਦਨਾਮ ਹੁੰਦੀ ਫਿਰਦੀ ਹੈ।
28038	645	ਨਾਨਕ ਗੁਰਮੁਖਿ ਬਖਸੀਅਹਿ ਸੇ ਸਤਿਗੁਰ ਮੇਲਿ ਮਿਲਾਉ॥੨॥		Naanak Guramukh Bakhaseeahi Sae Sathigur Mael Milaao ||2||	O Nanak, the Gurmukhs are forgiven, and united in Union with the True Guru. ||2||	ਹੇ ਨਾਨਕ! ਜੋ ਗੁਰੂ ਦੇ ਸਨਮੁਖ ਹੋ ਕੇ ਬਖ਼ਸ਼ੇ ਜਾਂਦੇ ਹਨ, ਉਹ ਸਤਿਗੁਰੂ ਦੀ ਸੰਗਤਿ ਵਿਚ ਮਿਲ ਜਾਂਦੇ ਹਨ ॥੨॥
28039	645	ਪਉੜੀ॥		Pourree ||	Pauree:	

28040	645	ਜੋ ਸੇਵਹਿ ਸਤਿ ਮੁਰਾਰਿ ਸੇ ਭਵਜਲ ਤਰਿ ਗਇਆ॥	ਗਇਆ	Jo Saevehi Sath Muraar Sae Bhavajal Thar Gaeiaa ||	Those who serve the True Lord, the Destroyer of ego, cross over the terrifying world-ocean.	ਜੋ ਮਨੁੱਖ ਸੱਚੇ ਹਰੀ ਨੂੰ ਸੇਂਵਦੇ ਹਨ, ਉਹ ਸੰਸਾਰ-ਸਮੁੰਦਰ ਨੂੰ ਤਰ ਜਾਂਦੇ ਹਨ,
28041	645	ਜੋ ਬੋਲਹਿ ਹਰਿ ਹਰਿ ਨਾਉ ਤਿਨ ਜਮੁ ਛਡਿ ਗਇਆ॥		Jo Bolehi Har Har Naao Thin Jam Shhadd Gaeiaa ||	Those who chant the Name of the Lord, Har, Har, are passed over by the Messenger of Death.	ਜੋ ਮਨੁੱਖ ਹਰੀ ਦਾ ਨਾਮ ਸਿਮਰਦੇ ਹਨ, ਉਹਨਾਂ ਨੂੰ ਜਮ ਛੱਡ ਜਾਂਦਾ ਹੈ;
28042	645	ਸੇ ਦਰਗਹ ਪੈਧੇ ਜਾਹਿ ਜਿਨਾ ਹਰਿ ਜਪਿ ਲਇਆ॥		Sae Dharageh Paidhhae Jaahi Jinaa Har Jap Laeiaa ||	Those who meditate on the Lord, go to His Court in robes of honor.	ਜਿਨ੍ਹਾਂ ਨੇ ਹਰੀ ਦਾ ਨਾਮ ਜਪਿਆ ਹੈ, ਉਹ ਦਰਗਾਹ ਵਿਚ ਸਨਮਾਨੇ ਜਾਂਦੇ ਹਨ;
28043	645	ਹਰਿ ਸੇਵਹਿ ਸੇਈ ਪੁਰਖ ਜਿਨਾ ਹਰਿ ਤੁਧੁ ਮਇਆ॥		Har Saevehi Saeee Purakh Jinaa Har Thudhh Maeiaa ||	They alone serve You, O Lord, whom You bless with Grace.	(ਪਰ) ਹੇ ਹਰੀ! ਜਿਨ੍ਹਾਂ ਉਤੇ ਤੇਰੀ ਮੇਹਰ ਹੁੰਦੀ ਹੈ, ਉਹੀ ਮਨੁੱਖ ਤੇਰੀ ਭਗਤੀ ਕਰਦੇ ਹਨ।
28044	645	ਗੁਣ ਗਾਵਾ ਪਿਆਰੇ ਨਿਤ ਗੁਰਮੁਖਿ ਭ੍ਰਮ ਭਉ ਗਇਆ॥੭॥		Gun Gaavaa Piaarae Nith Guramukh Bhram Bho Gaeiaa ||7||	I sing continually Your Glorious Praises, O Beloved; as Gurmukh, my doubts and fears have been dispelled. ||7||	ਸਤਿਗੁਰੂ ਦੇ ਸਨਮੁਖ ਹੋ ਕੇ ਭਰਮ ਤੇ ਡਰ ਦੂਰ ਹੋ ਜਾਂਦੇ ਹਨ, (ਮੇਹਰ ਕਰ) ਹੇ ਪਿਆਰੇ! ਮੈਂ ਭੀ ਤੇਰੇ ਸਦਾ ਗੁਣ ਗਾਵਾਂ ॥੭॥
28045	645	ਸਲੋਕੁ ਮਃ ੩॥		Salok Ma 3 ||	Shalok, Third Mehl:	

28046	645	ਥਾਲੈ ਵਿਚਿ ਤੈ ਵਸਤੂ ਪਈਓ ਹਰਿ ਭੋਜਨੁ ਅੰਮ੍ਰਿਤੁ ਸਾਰੁ॥		Thhaalai Vich Thai Vasathoo Peeou Har Bhojan Anmrith Saar ||	Upon the plate, three things have been placed; this is the sublime, ambrosial food of the Lord.	ਜਿਸ ਹਿਰਦੈ-ਰੂਪ ਥਾਲ ਵਿਚ (ਸਤ, ਸੰਤੋਖ ਤੇ ਵੀਚਾਰ) ਤਿੰਨ ਚੀਜ਼ਾਂ ਆ ਪਈਆਂ ਹਨ, ਉਸ ਹਿਰਦੇ-ਥਾਲ ਵਿਚ ਸ੍ਰੇਸ਼ਟ ਅੰਮ੍ਰਿਤ ਭੋਜਨ ਹਰੀ ਦਾ ਨਾਮ (ਪਰੋਸਿਆ ਜਾਂਦਾ) ਹੈ,
28047	645	ਜਿਤੁ ਖਾਧੈ ਮਨੁ ਤ੍ਰਿਪਤੀਐ ਪਾਈਐ ਮੋਖ ਦੁਆਰੁ॥		Jith Khaadhhai Man Thripatheeai Paaeeai Mokh Dhuaar ||	Eating this, the mind is satisfied, and the Door of Salvation is found.	ਜਿਸ ਦੇ ਖਾਧਿਆਂ ਮਨ ਰੱਜ ਜਾਂਦਾ ਹੈ ਤੇ ਵਿਕਾਰਾਂ ਤੋਂ ਖ਼ਲਾਸੀ ਦਾ ਦਰ ਪ੍ਰਾਪਤ ਹੁੰਦਾ ਹੈ।
28048	645	ਇਹੁ ਭੋਜਨੁ ਅਲਭੁ ਹੈ ਸੰਤਹੁ ਲਭੈ ਗੁਰ ਵੀਚਾਰਿ॥	ਅ-ਲਭੁ, ਲੱਭੈ	Eihu Bhojan Alabh Hai Santhahu Labhai Gur Veechaar ||	It is so difficult to obtain this food, O Saints; it is obtained only by contemplating the Guru.	ਹੇ ਸੰਤ ਜਨੋ! ਇਹ ਭੋਜਨ ਦੁਰਲੱਭ ਹੈ, ਸਤਿਗੁਰੂ ਦੀ (ਦੱਸੀ ਹੋਈ) ਵੀਚਾਰ ਦੀ ਰਾਹੀਂ ਲੱਭਦਾ ਹੈ।
28049	645	ਏਹ ਮੁਦਾਵਣੀ ਕਿਉ ਵਿਚਹੁ ਕਢੀਐ ਸਦਾ ਰਖੀਐ ਉਰਿ ਧਾਰਿ॥	(ਮੁਦਾਵਣੀ) ਬੁਝਾਰਤ	Eaeh Mudhaavanee Kio Vichahu Kadteeai Sadhaa Rakheeai Our Dhhaar ||	Why should we cast this riddle out of our minds? We should keep it ever enshrined in our hearts.	ਇਸ ਨੂੰ ਸਦਾ ਆਪਣੇ ਹਿਰਦੇ ਵਿਚ ਸਾਂਭ ਰੱਖਣਾ ਚਾਹੀਦਾ ਹੈ; ਇਹ ਭੁਲਾਣੀ ਨਹੀਂ ਚਾਹੀਦੀ।

28050	645	ਏਹ ਮੁਦਾਵਣੀ ਸਤਿਗੁਰੂ ਪਾਈ ਗੁਰਸਿਖਾ ਲਧੀ ਭਾਲਿ॥	ਲੱਧੀ	Eaeh Mudhaavanee Sathiguroo Paaee Gurasikhaa Ladhhee Bhaal ||	The True Guru has posed this riddle. The Guru's Sikhs have found its solution.	ਆਤਮਕ ਆਨੰਦ ਦੇਣ ਵਾਲੀ ਇਸ (ਸਿਫ਼ਤ-ਸਾਲਾਹ ਦੀ ਆਤਮਕ ਖ਼ੁਰਾਕ ਦੀ ਦੱਸ) ਗੁਰੂ ਨੇ ਪਾਈ ਹੈ, ਗੁਰ-ਸਿੱਖਾਂ ਨੇ ਖੋਜ ਕੇ ਲੱਭ ਲਈ ਹੈ।
28051	645	ਨਾਨਕ ਜਿਸੁ ਬੁਝਾਏ ਸੁ ਬੁਝਸੀ ਹਰਿ ਪਾਇਆ ਗੁਰਮੁਖਿ ਘਾਲਿ॥੧॥	ਬੁੱਝਾਏ, ਬੁੱਝਸੀ	Naanak Jis Bujhaaeae S Bujhasee Har Paaeiaa Guramukh Ghaal ||1||	O Nanak, he alone understands this, whom the Lord inspires to understand. The Gurmukhs work hard, and find the Lord. ||1||	ਹੇ ਨਾਨਕ! ਜਿਸ ਮਨੁੱਖ ਨੂੰ (ਇਸ ਦੀ) ਸਮਝ ਦੇਂਦਾ ਹੈ ਉਹ ਸਮਝਦਾ ਹੈ, ਅਤੇ ਉਹ ਸਤਿਗੁਰੂ ਦੇ ਸਨਮੁਖ ਹੋ ਕੇ ਘਾਲਣਾ ਘਾਲ ਕੇ ਹਰੀ ਨੂੰ ਮਿਲਦਾ ਹੈ ॥੧॥
28052	645	ਮਃ ੩॥		Ma 3 ||	Third Mehl:	
28053	645	ਜੋ ਧੁਰਿ ਮੇਲੇ ਸੇ ਮਿਲਿ ਰਹੇ ਸਤਿਗੁਰ ਸਿਉ ਚਿਤੁ ਲਾਇ॥		Jo Dhhur Maelae Sae Mil Rehae Sathigur Sio Chith Laae ||	Those whom the Primal Lord unites, remain in Union with Him; they focus their consciousness on the True Guru.	ਹਰੀ ਨੇ ਜੋ ਧੁਰ ਤੋਂ ਮਿਲਾਏ ਹਨ, ਉਹ ਮਨੁੱਖ ਸਤਿਗੁਰੂ ਨਾਲ ਚਿੱਤ ਜੋੜ ਕੇ (ਹਰੀ ਵਿਚ) ਲੀਨ ਹੋਏ ਹਨ;
28054	645	ਆਪਿ ਵਿਛੋੜੇਨੁ ਸੇ ਵਿਛੁੜੇ ਦੂਜੈ ਭਾਇ ਖੁਆਇ॥		Aap Vishhorraen Sae Vishhurrae Dhoojai Bhaae Khuaae ||	Those whom the Lord Himself separates, remain separated; in the love of duality, they are ruined.	(ਪਰ) ਜੋ ਉਸ ਹਰੀ ਨੇ ਆਪ ਵਿਛੋੜੇ ਹਨ, ਉਹ ਮਾਇਆ ਦੇ ਮੋਹ ਵਿਚ (ਫਸ ਕੇ) ਖੁੰਝੇ ਹੋਏ ਹਰੀ ਤੋਂ ਵਿੱਛੁੜੇ ਹੋਏ ਹਨ।

28055	645	ਨਾਨਕ ਵਿਣੁ ਕਰਮਾ ਕਿਆ ਪਾਈਐ ਪੂਰਬਿ ਲਿਖਿਆ ਕਮਾਇ॥੨॥		Naanak Vin Karamaa Kiaa Paaeeai Poorab Likhiaa Kamaae ||2||	O Nanak, without good karma, what can anyone obtain? He earns what he is pre-destined to receive. ||2||	ਹੇ ਨਾਨਕ! ਕੀਤੀ ਹੋਈ ਕਮਾਈ ਤੋਂ ਬਿਨਾ ਕੁਝ ਨਹੀਂ ਮਿਲਦਾ, ਮੁੱਢ ਤੋਂ (ਕੀਤੇ ਕੰਮਾਂ ਦੇ ਅਨੁਸਾਰ) ਉੱਕਰੇ ਹੋਏ (ਸੰਸਕਾਰ-ਰੂਪ ਲੇਖ ਦੀ ਕਮਾਈ) ਕਮਾਉਣੀ ਪੈਂਦੀ ਹੈ ॥੨॥
28056	645	ਪਉੜੀ॥		Pourree ||	Pauree:	
28057	645	ਬਹਿ ਸਖੀਆ ਜਸੁ ਗਾਵਹਿ ਗਾਵਣਹਾਰੀਆ॥		Behi Sakheeaa Jas Gaavehi Gaavanehaareeaa ||	Sitting together, the companions sing the Songs of the Lord's Praises.	ਹਰੀ ਦੀ ਸਿਫ਼ਤ-ਸਾਲਾਹ ਕਰਨ ਵਾਲੀਆਂ (ਸੰਤ ਜਨ-ਰੂਪ) ਸਹੇਲੀਆਂ ਇਕੱਠੀਆਂ ਬਹਿ ਕੇ ਆਪ ਹਰੀ ਦਾ ਜਸ ਗਾਉਂਦੀਆਂ ਹਨ,
28058	645	ਹਰਿ ਨਾਮੁ ਸਲਾਹਿਹੁ ਨਿਤ ਹਰਿ ਕਉ ਬਲਿਹਾਰੀਆ॥		Har Naam Salaahihu Nith Har Ko Balihaareeaa ||	They praise the Lord's Name continually; they are a sacrifice to the Lord.	ਹਰੀ ਤੋਂ ਸਦਕੇ ਜਾਂਦੀਆਂ ਹਨ (ਹੋਰਨਾਂ ਨੂੰ ਸਿੱਖਿਆ ਦੇਂਦੀਆਂ ਹਨ ਕਿ) "ਸਦਾ ਹਰੀ ਦੇ ਨਾਮ ਦੀ ਵਡਿਆਈ ਕਰੋ।"
28059	645	ਜਿਨੀ ਸੁਣਿ ਮੰਨਿਆ ਹਰਿ ਨਾਉ ਤਿਨਾ ਹਉ ਵਾਰੀਆ॥		Jinee Sun Manniaa Har Naao Thinaa Ho Vaareeaa ||	Those who hear, and believe in the Lord's Name, to them I am a sacrifice.	ਮੈਂ ਸਦਕੇ ਹਾਂ ਜਿਨ੍ਹਾਂ ਨੇ ਸੁਣ ਕੇ ਹਰੀ ਦਾ ਨਾਮ ਮੰਨਿਆ ਹੈ,

28060	645	ਗੁਰਮੁਖੀਆ ਹਰਿ ਮੇਲੁ ਮਿਲਾਵਣਹਾਰੀਆ॥		Guramukheeaa Har Mael Milaavanehaareea a ||	O Lord, let me unite with the Gurmukhs, who are united with You.	ਉਹਨਾਂ ਹਰੀ ਨੂੰ ਮਿਲਾਉਣ ਵਾਲੀਆਂ ਗੁਰਮੁਖ ਸਹੇਲੀਆਂ ਤੋਂ ਮੈਂ ਸਦਕੇ ਹਾਂ;
28061	645	ਹਉ ਬਲਿ ਜਾਵਾ ਦਿਨੁ ਰਾਤਿ ਗੁਰ ਦੇਖਣਹਾਰੀਆ॥੮॥		Ho Bal Jaavaa Dhin Raath Gur Dhaekhanehaareea a ||8||	I am a sacrifice to those who, day and night, behold their Guru. ||8||	ਸਤਿਗੁਰੂ ਦੇ ਦਰਸ਼ਨ ਕਰਨ ਵਾਲੀਆਂ ਤੋਂ ਮੈਂ ਦਿਨ ਰਾਤ ਬਲਿਹਾਰ ਹਾਂ ॥੮॥
28062	645	ਸਲੋਕੁ ਮਃ ੩॥		Salok Ma 3 ||	Shalok, Third Mehl:	
28063	646	ਵਿਣੁ ਨਾਵੈ ਸਭਿ ਭਰਮਦੇ ਨਿਤ ਜਗਿ ਤੋਟਾ ਸੈਸਾਰਿ॥		Vin Naavai Sabh Bharamadhae Nith Jag Thottaa Saisaar ||	Without the Name of the Lord, everyone wanders around the world, losing.	ਨਾਮ ਤੋਂ ਬਿਨਾ ਸਾਰੇ ਲੋਕ ਭਟਕਦੇ ਫਿਰਦੇ ਹਨ; ਉਹਨਾਂ ਨੂੰ ਸੰਸਾਰ ਵਿਚ ਸਦਾ ਘਾਟਾ ਹੀ ਘਾਟਾ ਹੈ;
28064	646	ਮਨਮੁਖਿ ਕਰਮ ਕਮਾਵਣੇ ਹਉਮੈ ਅੰਧੁ ਗੁਬਾਰੁ॥		Manamukh Karam Kamaavanae Houmai Andhh Gubaar ||	The self-willed manmukhs do their deeds in the pitch black darkness of egotism.	ਮਨਮੁਖ ਤਾਂ ਹਉਮੈ ਦੇ ਆਸਰੇ ਉਹ ਕਰਮ ਕਮਾਂਦੇ ਹਨ ਜੋ ਘੁੱਪ ਹਨੇਰਾ ਪੈਦਾ ਕਰਦੇ ਹਨ।

28065	646	ਗੁਰਮੁਖਿ ਅੰਮ੍ਰਿਤੁ ਪੀਵਣਾ ਨਾਨਕ ਸਬਦੁ ਵੀਚਾਰਿ॥੧॥		Guramukh Anmrith Peevanaa Naanak Sabadh Veechaar ||1||	The Gurmukhs drink in the Ambrosial Nectar, O Nanak, contemplating the Word of the Shabad. ||1||	ਪਰ ਹੇ ਨਾਨਕ! ਸਤਿਗੁਰੂ ਦੇ ਸਨਮੁਖ ਜੀਵ ਸ਼ਬਦ ਨੂੰ ਵਿਚਾਰ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦੇ ਹਨ ॥੧॥
28066	646	ਮਃ ੩॥		Ma 3 ||	Third Mehl:	
28067	646	ਸਹਜੇ ਜਾਗੈ ਸਹਜੈ ਸੋਵੈ॥		Sehajae Jaagai Sehajae Sovai ||	He wakes in peace, and he sleeps in peace.	ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੁੰਦਾ ਹੈ ਉਹ ਆਤਮਕ ਅਡੋਲਤਾ ਵਿਚ ਹੀ ਜਾਗਦਾ ਹੈ ਤੇ ਆਤਮਕ ਅਡੋਲਤਾ ਵਿਚ ਹੀ ਸੌਂਦਾ ਹੈ (ਭਾਵ, ਜਾਗਦਿਆਂ ਹਰੀ ਵਿਚ ਲੀਨ ਤੇ ਸੁੱਤਿਆਂ ਹਰੀ ਵਿਚ ਲੀਨ ਰਹਿੰਦਾ ਹੈ।)
28068	646	ਗੁਰਮੁਖਿ ਅਨ ਦਿਨੁ ਉਸਤਤਿ ਹੋਵੈ॥		Guramukh Anadhin Ousathath Hovai ||	The Gurmukh praises the Lord night and day.	ਉਸ ਨੂੰ ਹਰ ਰੋਜ਼ (ਭਾਵ, ਹਰ ਵੇਲੇ) ਹਰੀ ਦੀ ਉਸਤਤਿ (ਦਾ ਹੀ ਆਹਰ ਹੁੰਦਾ) ਹੈ।
28069	646	ਮਨਮੁਖ ਭਰਮੈ ਸਹਸਾ ਹੋਵੈ॥		Manamukh Bharamai Sehasaa Hovai ||	The self-willed manmukh remains deluded by his doubts.	ਮਨਮੁਖ ਭਟਕਦਾ ਹੈ, ਕਿਉਂਕਿ ਉਸ ਨੂੰ ਸਦਾ ਤੌਖ਼ਲਾ ਰਹਿੰਦਾ ਹੈ;
28070	646	ਅੰਤਰਿ ਚਿੰਤਾ ਨੀਦ ਨ ਸੋਵੈ॥		Anthar Chinthaa Needh N Sovai ||	He is filled with anxiety, and he cannot even sleep.	ਮਨ ਵਿਚ ਚਿੰਤਾ ਹੋਣ ਕਰ ਕੇ ਉਹ (ਸੁਖ ਦੀ) ਨੀਂਦਰ ਨਹੀਂ ਸੌਂਦਾ।

28071	646	ਗਿਆਨੀ ਜਾਗਹਿ ਸਵਹਿ ਸੁਭਾਇ॥		Giaanee Jaagehi Savehi Subhaae ||	The spiritually wise wake and sleep in peace.	ਪ੍ਰਭੂ ਨਾਲ ਡੂੰਘੀ ਸਾਂਝ ਰੱਖਣ ਵਾਲੇ ਬੰਦੇ ਪ੍ਰਭੂ ਦੇ ਪਿਆਰ ਵਿਚ ਹੀ ਜਾਗਦੇ ਸੌਂਦੇ ਹਨ (ਭਾਵ, ਜਾਗਦੇ ਤੇ ਸੁੱਤੇ ਹੋਏ ਇਕ-ਰਸ ਰਹਿੰਦੇ ਹਨ)।
28072	646	ਨਾਨਕ ਨਾਮਿ ਰਤਿਆ ਬਲਿ ਜਾਉ॥੨॥		Naanak Naam Rathiaa Bal Jaao ||2||	Nanak is a sacrifice to those who are imbued with the Naam, the Name of the Lord. ||2||	ਹੇ ਨਾਨਕ! ਮੈਂ ਨਾਮ ਵਿਚ ਰੰਗੇ ਹੋਇਆਂ ਤੋਂ ਸਦਕੇ ਹਾਂ ॥੨॥
28073	646	ਪਉੜੀ॥		Pourree ||	Pauree:	
28074	646	ਸੇ ਹਰਿ ਨਾਮੁ ਧਿਆਵਹਿ ਜੋ ਹਰਿ ਰਤਿਆ॥	ਰੱਤਿਆ	Sae Har Naam Dhhiaavehi Jo Har Rathiaa ||	They alone meditate on the Lord's Name, who are imbued with the Lord.	ਜੋ ਮਨੁੱਖ ਹਰੀ ਵਿਚ ਰੱਤੇ ਹੋਏ ਹਨ, ਉਹ ਉਸ ਦਾ ਨਾਮ ਸਿਮਰਦੇ ਹਨ।
28075	646	ਹਰਿ ਇਕੁ ਧਿਆਵਹਿ ਇਕੁ ਇਕੋ ਹਰਿ ਸਤਿਆ॥	ਸੱਤਿਆ	Har Eik Dhhiaavehi Eik Eiko Har Sathiaa ||	They meditate on the One Lord; the One and Only Lord is True.	ਉਸ ਇੱਕ ਹਰੀ ਨੂੰ ਧਿਆਉਂਦੇ ਹਨ, ਜੋ ਸਦਾ ਕਾਇਮ ਰਹਿਣ ਵਾਲਾ ਹੈ;
28076	646	ਹਰਿ ਇਕੋ ਵਰਤੈ ਇਕੁ ਇਕੋ ਉਤਪਤਿਆ॥	ਉਤ-ਪਤਿਆ:ਪੋਲਾ ਬੋਲੋ	Har Eiko Varathai Eik Eiko Outhapathiaa ||	The One Lord is pervading everywhere; the One Lord created the Universe.	ਜੋ ਇੱਕ ਆਪ ਹਰ ਥਾਂ ਵਿਆਪਕ ਹੈ ਤੇ ਜਿਸ ਇਕ ਨੇ ਹੀ (ਸਾਰੀ ਸ੍ਰਿਸ਼ਟੀ) ਪੈਦਾ ਕੀਤੀ ਹੈ।

28077	646	ਜੋ ਹਰਿ ਨਾਮੁ ਧਿਆਵਹਿ ਤਿਨ ਡਰੁ ਸਟਿ ਘਤਿਆ॥	ਘੱਤਿਆ	Jo Har Naam Dhhiaavehi Thin Ddar Satt Ghathiaa ||	Those who meditate on the Lord's Name, cast out their fears.	ਜੋ ਮਨੁੱਖ ਨਾਮ ਸਿਮਰਦੇ ਹਨ, ਉਹਨਾਂ ਨੇ ਸਾਰਾ ਡਰ ਦੂਰ ਕਰ ਦਿੱਤਾ ਹੈ।
28078	646	ਗੁਰਮਤੀ ਦੇਵੈ ਆਪਿ ਗੁਰਮੁਖਿ ਹਰਿ ਜਪਿਆ॥੯॥		Guramathee Dhaevai Aap Guramukh Har Japiaa ||9||	The Lord Himself blesses them with Guru's Instruction; the Gurmukh meditates on the Lord. ||9||	ਪਰ ਉਹੀ ਗੁਰਮੁਖ ਨਾਮ ਸਿਮਰਦਾ ਹੈ ਜਿਸਨੂੰ ਪ੍ਰਭੂ ਆਪ ਗੁਰੂ ਦੀ ਮਤਿ ਦੀ ਰਾਹੀਂ ਇਹ ਦਾਤਿ ਦੇਂਦਾ ਹੈ ॥੯॥
28079	646	ਸਲੋਕ ਮਃ ੩॥		Salok Ma 3 ||	Shalok, Third Mehl:	
28080	646	ਅੰਤਰਿ ਗਿਆਨੁ ਨ ਆਇਓ ਜਿਤੁ ਕਿਛੁ ਸੋਝੀ ਪਾਇ॥		Anthar Giaan N Aaeiou Jith Kishh Sojhee Paae ||	Spiritual wisdom, which would bring understanding, does not enter into his mind.	ਜਿਸ ਗਿਆਨ ਨਾਲ ਕੁਝ ਸਮਝ ਪੈਣੀ ਸੀ ਉਹ ਗਿਆਨ ਤਾਂ ਅੰਦਰ ਪਰਗਟ ਨਹੀਂ ਹੋਇਆ,
28081	646	ਵਿਣੁ ਡਿਠਾ ਕਿਆ ਸਾਲਾਹੀਐ ਅੰਧਾ ਅੰਧੁ ਕਮਾਇ॥		Vin Ddithaa Kiaa Saalaaheeai Andhhaa Andhh Kamaae ||	Without seeing, how can he praise the Lord? The blind act in blindness.	ਫਿਰ ਜਿਸ (ਹਰੀ) ਨੂੰ ਵੇਖਿਆ ਨਹੀਂ ਉਸ ਦੀ ਉਸਤਤਿ ਕਿਵੇਂ ਹੋ ਸਕੇ? ਗਿਆਨ-ਹੀਨ ਮਨੁੱਖ ਅਗਿਆਨਤਾ ਦੀ ਕਮਾਈ ਹੀ ਕਰਦਾ ਹੈ।

28082	646	ਨਾਨਕ ਸਬਦੁ ਪਛਾਣੀਐ ਨਾਮੁ ਵਸੈ ਮਨਿ ਆਇ॥੧॥		Naanak Sabadh Pashhaaneeai Naam Vasai Man Aae ||1||	O Nanak, when one realizes the Word of the Shabad, then the Naam comes to abide in the mind. ||1||	ਹੇ ਨਾਨਕ! ਜੇ ਸਤਿਗੁਰੂ ਦੇ ਸ਼ਬਦ ਨੂੰ ਪਛਾਣੀਏ ਤਾਂ ਹਰੀ ਦਾ ਨਾਮ ਮਨ ਵਿਚ ਆ ਵੱਸਦਾ ਹੈ ॥੧॥
28083	646	ਮਃ ੩॥		Ma 3 ||	Third Mehl:	
28084	646	ਇਕਾ ਬਾਣੀ ਇਕੁ ਗੁਰੁ ਇਕੋ ਸਬਦੁ ਵੀਚਾਰਿ॥		Eikaa Baanee Eik Gur Eiko Sabadh Veechaar ||	There is One Bani; there is One Guru; there is one Shabad to contemplate.	ਕੇਵਲ ਬਾਣੀ ਹੀ ਪ੍ਰਮਾਣੀਕ ਗੁਰੂ ਹੈ, ਗੁਰੂ ਦੇ ਸ਼ਬਦ ਨੂੰ ਹੀ ਵਿਚਾਰੋ-
28085	646	ਸਚਾ ਸਉਦਾ ਹਟੁ ਸਚੁ ਰਤਨੀ ਭਰੇ ਭੰਡਾਰ॥	ਸਉਦਾ	Sachaa Soudhaa Hatt Sach Rathanee Bharae Bhanddaar ||	True is the merchandise, and true is the shop; the warehouses are overflowing with jewels.	ਇਹੀ ਸਦਾ-ਥਿਰ ਰਹਿਣ ਵਾਲਾ ਸੌਦਾ ਹੈ, ਇਹੀ ਸੱਚਾ ਹੱਟ ਹੈ ਜਿਸ ਵਿਚ ਰਤਨਾਂ ਦੇ ਭੰਡਾਰੇ ਭਰੇ ਪਏ ਹਨ।
28086	646	ਗੁਰ ਕਿਰਪਾ ਤੇ ਪਾਈਅਨਿ ਜੇ ਦੇਵੈ ਦੇਵਣਹਾਰੁ॥		Gur Kirapaa Thae Paaeean Jae Dhaevai Dhaevanehaar ||	By Guru's Grace, they are obtained, if the Great Giver gives them.	ਜੇ ਦੇਣ ਵਾਲਾ (ਹਰੀ) ਦੇਵੇ ਤਾਂ (ਇਹ ਖ਼ਜ਼ਾਨੇ) ਸਤਿਗੁਰੂ ਦੀ ਕਿਰਪਾ ਨਾਲ ਮਿਲਦੇ ਹਨ।
28087	646	ਸਚਾ ਸਉਦਾ ਲਾਭੁ ਸਦਾ ਖਟਿਆ ਨਾਮੁ ਅਪਾਰੁ॥		Sachaa Soudhaa Laabh Sadhaa Khattiaa Naam Apaar ||	Dealing in this true merchandise, one earns the profit of the incomparable Naam.	ਜਿਸ ਮਨੁੱਖ ਨੇ ਇਹ ਸੱਚਾ ਸੌਦਾ (ਕਰ ਕੇ) ਬੇਅੰਤ ਪ੍ਰਭੂ ਦਾ ਨਾਮ ਲਾਭ ਖੱਟਿਆ ਹੈ,

28088	646	ਵਿਖੁ ਵਿਚਿ ਅੰਮ੍ਰਿਤੁ ਪ੍ਰਗਟਿਆ ਕਰਮਿ ਪੀਆਵਣਹਾਰੁ॥		Vikh Vich Anmrith Pragattiaa Karam Peeaavanehaar ||	In the midst of poison, the Ambrosial Nectar is revealed; by His Mercy, one drinks it in.	ਉਸ ਨੂੰ (ਮਾਇਆ) ਜ਼ਹਿਰ ਵਿਚ ਵਰਤਦਿਆਂ ਹੀ ਨਾਮ-ਅੰਮ੍ਰਿਤ ਮਿਲ ਪੈਂਦਾ ਹੈ, ਪਰ ਇਹ ਅੰਮ੍ਰਿਤ ਪਿਲਾਣ ਵਾਲਾ ਪ੍ਰਭੂ ਆਪਣੀ ਮੇਹਰ ਨਾਲ ਹੀ ਪਿਲਾਂਦਾ ਹੈ।
28089	646	ਨਾਨਕ ਸਚੁ ਸਲਾਹੀਐ ਧੰਨੁ ਸਵਾਰਣਹਾਰੁ॥੨॥		Naanak Sach Salaaheeai Dhann Savaaranehaar ||2||	O Nanak, praise the True Lord; blessed is the Creator, the Embellisher. ||2||	ਹੇ ਨਾਨਕ! ਉਸ ਸਲਾਹੁਣ-ਜੋਗ ਪਰਮਾਤਮਾ ਨੂੰ ਸਿਮਰੀਏ ਜੋ (ਜੀਵਾਂ ਨੂੰ ਨਾਮ ਦੀ ਦਾਤਿ ਦੇ ਕੇ) ਸਵਾਰਦਾ ਹੈ ॥੨॥
28090	646	ਪਉੜੀ॥		Pourree ||	Pauree:	
28091	646	ਜਿਨਾ ਅੰਦਰਿ ਕੂੜੁ ਵਰਤੈ ਸਚੁ ਨ ਭਾਵਈ॥		Jinaa Andhar Koorr Varathai Sach N Bhaavee ||	Those who are permeated by falsehood, do not love the Truth.	ਜਿਨ੍ਹਾਂ ਦੇ ਹਿਰਦੇ ਵਿਚ ਕੂੜ ਵਰਤਦਾ ਹੈ, ਉਹਨਾਂ ਨੂੰ ਸੱਚ ਚੰਗਾ ਨਹੀਂ ਲੱਗਦਾ;
28092	646	ਜੇ ਕੋ ਬੋਲੈ ਸਚੁ ਕੂੜਾ ਜਲਿ ਜਾਵਈ॥		Jae Ko Bolai Sach Koorraa Jal Jaavee ||	If someone speaks the Truth, falsehood is burnt away.	ਜੇ ਕੋਈ ਮਨੁੱਖ ਸੱਚ ਬੋਲੇ, ਤਾਂ ਝੂਠਾ (ਸੁਣ ਕੇ) ਸੜ ਬਲ ਜਾਂਦਾ ਹੈ;
28093	646	ਕੂੜਿਆਰੀ ਰਜੈ ਕੂੜਿ ਜਿਉ ਵਿਸਟਾ ਕਾਗੁ ਖਾਵਈ॥	ਰੱਜੈ	Koorriaaree Rajai Koorr Jio Visattaa Kaag Khaavee ||	The false are satisfied by falsehood, like the crows who eat manure.	ਝੂਠ ਦਾ ਵਪਾਰੀ ਝੂਠ ਵਿਚ ਹੀ ਪ੍ਰਸੰਨ ਹੁੰਦਾ ਹੈ, ਜਿਵੇਂ ਕਾਂ ਵਿਸ਼ਟਾ ਖਾਂਦਾ ਹੈ (ਤੇ ਪ੍ਰਸੰਨ ਹੁੰਦਾ ਹੈ)।

28094	646	ਜਿਸੁ ਹਰਿ ਹੋਇ ਕ੍ਰਿਪਾਲੁ ਸੋ ਨਾਮੁ ਧਿਆਵਈ॥		Jis Har Hoe Kirapaal So Naam Dhhiaavee ||	When the Lord grants His Grace, then one meditates on the Naam, the Name of the Lord.	ਜਿਸ ਮਨੁੱਖ ਤੇ ਹਰੀ ਦਇਆਲ ਹੋਵੇ, ਉਹ ਨਾਮ ਜਪਦਾ ਹੈ;
28095	646	ਹਰਿ ਗੁਰਮੁਖਿ ਨਾਮੁ ਅਰਾਧਿ ਕੂੜੁ ਪਾਪੁ ਲਹਿ ਜਾਵਈ॥੧੦॥		Har Guramukh Naam Araadhh Koorr Paap Lehi Jaavee ||10||	As Gurmukh, worship the Lord's Name in adoration; fraud and sin shall disappear. ||10||	ਜੇ ਸਤਿਗੁਰੂ ਦੇ ਸਨਮੁਖ ਹੋ ਕੇ ਹਰੀ ਦਾ ਨਾਮ ਅਰਾਧੀਏ, ਤਾਂ ਕੂੜ ਤੇ ਪਾਪ ਲਹਿ ਜਾਂਦਾ ਹੈ ॥੧੦॥
28096	646	ਸਲੋਕੁ ਮਃ ੩॥		Salok Ma 3 ||	Shalok, Third Mehl:	
28097	646	ਸੇਖਾ ਚਉਚਕਿਆ ਚਉਵਾਇਆ ਏਹੁ ਮਨੁ ਇਕਤੁ ਘਰਿ ਆਣਿ॥	(ਸੇਖਾ) ਹੇ ਸੇਖ ਜੀ! ਇਹ ਮਨ (ਚਉਚਕਿਆ) ਚੌਹਾਂ ਚੱਕਾਂ ਚ ਭਰਮਣ ਵਾਲਾ (ਚਉਵਾਇਆ) ਬੜਬੋਲਾ ਹੈ	Saekhaa Chouchakiaa Chouvaaeiaa Eaehu Man Eikath Ghar Aan ||	O Shaykh, you wander in the four directions, blown by the four winds; bring your mind back to the home of the One Lord.	ਹੇ ਚੁੱਕੇ ਚੁਕਾਏ ਸ਼ੇਖ਼! ਇਸ ਮਨ ਨੂੰ ਇਕ ਟਿਕਾਣੇ ਤੇ ਲਿਆ;
28098	646	ਏਹੜ ਤੇਹੜ ਛਡਿ ਤੂ ਗੁਰ ਕਾ ਸਬਦੁ ਪਛਾਣੁ॥		Eaeharr Thaeharr Shhadd Thoo Gur Kaa Sabadh Pashhaan ||	Renounce your petty arguments, and realize the Word of the Guru's Shabad.	ਵਿੰਗੀਆਂ ਟੇਢੀਆਂ ਗੱਲਾਂ ਛੱਡ ਤੇ ਸਤਿਗੁਰੂ ਦੇ ਸ਼ਬਦ ਨੂੰ ਸਮਝ।
28099	646	ਸਤਿਗੁਰ ਅਗੈ ਢਹਿ ਪਉ ਸਭੁ ਕਿਛੁ ਜਾਣੈ ਜਾਣੁ॥		Sathigur Agai Dtehi Po Sabh Kishh Jaanai Jaan ||	Bow in humble respect before the True Guru; He is the Knower who knows everything.	ਹੇ ਸ਼ੇਖਾ! ਜੋ (ਸਭ ਦਾ) ਜਾਣੂ ਸਤਿਗੁਰੂ ਸਭ ਕੁਝ ਸਮਝਦਾ ਹੈ ਉਸ ਦੀ ਚਰਨੀਂ ਲੱਗ;

28100	646	ਆਸਾ ਮਨਸਾ ਜਲਾਇ ਤੂ ਹੋਇ ਰਹੁ ਮਿਹਮਾਣੁ॥		Aasaa Manasaa Jalaae Thoo Hoe Rahu Mihamaan ||	Burn away your hopes and desires, and live like a guest in this world.	ਆਸਾਂ ਤੇ ਮਨ ਦੀਆਂ ਦੌੜਾਂ ਮਿਟਾ ਕੇ ਆਪਣੇ ਆਪ ਨੂੰ ਜਗਤ ਵਿਚ ਪਰਾਹੁਣਾ ਸਮਝ;
28101	646	ਸਤਿਗੁਰ ਕੈ ਭਾਣੈ ਭੀ ਚਲਹਿ ਤਾ ਦਰਗਹ ਪਾਵਹਿ ਮਾਣੁ॥		Sathigur Kai Bhaanai Bhee Chalehi Thaa Dharageh Paavehi Maan ||	If you walk in harmony with the True Guru's Will, then you shall be honored in the Court of the Lord.	ਜੇ ਤੂੰ ਸਤਿਗੁਰੂ ਦੇ ਭਾਣੇ ਵਿਚ ਚਲੇਂਗਾ ਤਾਂ ਰੱਬ ਦੀ ਦਰਗਾਹ ਵਿਚ ਆਦਰ ਪਾਵੇਂਗਾ।
28102	646	ਨਾਨਕ ਜਿ ਨਾਮੁ ਨ ਚੇਤਨੀ ਤਿਨ ਧਿਗੁ ਪੈਨਣੁ ਧਿਗੁ ਖਾਣੁ॥੧॥		Naanak J Naam N Chaethanee Thin Dhhig Painan Dhhig Khaan ||1||	O Nanak, those who do not contemplate the Naam, the Name of the Lord - cursed are their clothes, and cursed is their food. ||1||	ਹੇ ਨਾਨਕ! ਜੋ ਮਨੁੱਖ ਨਾਮ ਨਹੀਂ ਸਿਮਰਦੇ, ਉਹਨਾਂ ਦਾ (ਚੰਗਾ) ਖਾਣਾ ਤੇ (ਚੰਗਾ) ਪਹਿਨਣਾ ਫਿਟਕਾਰ-ਜੋਗ ਹੈ ॥੧॥
28103	646	ਮਃ ੩॥		Ma 3 ||	Third Mehl:	
28104	646	ਹਰਿ ਗੁਣ ਤੋਟਿ ਨ ਆਵਈ ਕੀਮਤਿ ਕਹਣੁ ਨ ਜਾਇ॥		Har Gun Thott N Aavee Keemath Kehan N Jaae ||	There is no end to the Lord's Glorious Praises; His worth cannot be described.	ਹਰੀ ਦੇ ਗੁਣ ਬਿਆਨ ਕਰਦਿਆਂ ਉਹ ਗੁਣ ਮੁੱਕਦੇ ਨਹੀਂ, ਤੇ ਨਾਹ ਹੀ ਇਹ ਦੱਸਿਆ ਜਾ ਸਕਦਾ ਹੈ ਕਿ ਇਹਨਾਂ ਗੁਣਾਂ ਨੂੰ ਵਿਹਾਝਣ ਲਈ ਮੁੱਲ ਕੀਹ ਹੈ;

28105	646	ਨਾਨਕ ਗੁਰਮੁਖਿ ਹਰਿ ਗੁਣ ਰਵਹਿ ਗੁਣ ਮਹਿ ਰਹੈ ਸਮਾਇ॥੨॥		Naanak Guramukh Har Gun Ravehi Gun Mehi Rehai Samaae ||2||	O Nanak, the Gurmukhs chant the Glorious Praises of the Lord; they are absorbed in His Glorious Virtues. ||2||	(ਪਰ,) ਹੇ ਨਾਨਕ! ਗੁਰਮੁਖ ਜੀਊੜੇ ਹਰੀ ਦੇ ਗੁਣ ਗਾਉਂਦੇ ਹਨ। (ਜਿਹੜਾ ਮਨੁੱਖ ਪ੍ਰਭੂ ਦੇ ਗੁਣ ਗਾਂਦਾ ਹੈ ਉਹ) ਗੁਣਾਂ ਵਿਚ ਲੀਨ ਹੋਇਆ ਰਹਿੰਦਾ ਹੈ ॥੨॥
28106	646	ਪਉੜੀ॥	ਚੋਲੀ:ਪੋਲਾ ਬੋਲੋ। ਪੈੱਧੀ	Pourree ||	Pauree:	
28107	646	ਹਰਿ ਚੋਲੀ ਦੇਹ ਸਵਾਰੀ ਕਢਿ ਪੈਧੀ ਭਗਤਿ ਕਰਿ॥		Har Cholee Dhaeh Savaaree Kadt Paidhhee Bhagath Kar ||	The Lord has adorned the coat of the body; He has embroidered it with devotional worship.	(ਇਹ ਮਨੁੱਖਾ) ਸਰੀਰ, ਮਾਨੋ, ਚੋਲੀ ਹੈ ਜੋ ਪ੍ਰਭੂ ਨੇ ਬਣਾਈ ਹੈ ਤੇ ਭਗਤੀ (-ਰੂਪ ਕਸੀਦਾ) ਕੱਢ ਕੇ ਇਹ ਚੋਲੀ ਪਹਿਨਣ-ਜੋਗ ਬਣਦੀ ਹੈ।
28108	646	ਹਰਿ ਪਾਟੁ ਲਗਾ ਅਧਿਕਾਈ ਬਹੁ ਬਹੁ ਬਿਧਿ ਭਾਤਿ ਕਰਿ॥	(ਪਾਟੁ) ਰੇਸ਼ਮ	Har Paatt Lagaa Adhhikaaee Bahu Bahu Bidhh Bhaath Kar ||	The Lord has woven His silk into it, in so many ways and fashions.	(ਇਸ ਚੋਲੀ ਨੂੰ) ਬਹੁਤ ਤਰ੍ਹਾਂ ਕਈ ਵੰਨਗੀਆਂ ਦਾ ਹਰੀ-ਨਾਮ ਪੱਟ ਲੱਗਾ ਹੋਇਆ ਹੈ;
28109	646	ਕੋਈ ਬੂਝੈ ਬੂਝਣਹਾਰਾ ਅੰਤਰਿ ਬਿਬੇਕੁ ਕਰਿ॥	ਬੂੱਝੈ ਬੂੱਝਣਹਾਰਾ	Koee Boojhai Boojhanehaaraa Anthar Bibaek Kar ||	How rare is that man of understanding, who understands, and deliberates within.	(ਇਸ ਭੇਤ ਨੂੰ) ਮਨ ਵਿਚ ਵਿਚਾਰ ਕਰ ਕੇ ਕੋਈ ਵਿਰਲਾ ਸਮਝਣ ਵਾਲਾ ਸਮਝਦਾ ਹੈ।

28110	646	ਸੋ ਬੂਝੈ ਏਹੁ ਬਿਬੇਕੁ ਜਿਸੁ ਬੁਝਾਏ ਆਪਿ ਹਰਿ॥		So Boojhai Eaehu Bibaek Jis Bujhaaeae Aap Har ||	He alone understands these deliberations, whom the Lord Himself inspires to understand.	ਇਸ ਵਿਚਾਰ ਨੂੰ ਉਹ ਸਮਝਦਾ ਹੈ, ਜਿਸ ਨੂੰ ਹਰੀ ਆਪ ਸਮਝਾਵੇ।
28111	646	ਜਨੁ ਨਾਨਕੁ ਕਹੈ ਵਿਚਾਰਾ ਗੁਰਮੁਖਿ ਹਰਿ ਸਤਿ ਹਰਿ॥੧੧॥		Jan Naanak Kehai Vichaaraa Guramukh Har Sath Har ||11||	Poor servant Nanak speaks: the Gurmukhs know the Lord, the Lord is True. ||11||	ਦਾਸ ਨਾਨਕ ਇਹ ਵਿਚਾਰ ਦੱਸਦਾ ਹੈ ਕਿ ਸਦਾ-ਥਿਰ ਰਹਿਣ ਵਾਲਾ ਹਰੀ ਗੁਰੂ ਦੀ ਰਾਹੀਂ (ਸਿਮਰਿਆ ਜਾ ਸਕਦਾ ਹੈ) ॥੧੧॥
28112	647	ਸਲੋਕੁ ਮਃ ੩॥		Salok Ma 3 ||	Shalok, Third Mehl:	
28113	647	ਪਰਥਾਇ ਸਾਖੀ ਮਹਾਪੁਰਖ ਬੋਲਦੇ ਸਾਝੀ ਸਗਲ ਜਹਾਨੈ॥	ਸਾਂਝੀ	Parathhaae Saakhee Mehaa Purakh Boladhae Saajhee Sagal Jehaanai ||	Great men speak the teachings by relating them to individual situations, but the whole world shares in them.	ਮਹਾਂ ਪੁਰਖ ਕਿਸੇ ਦੇ ਸੰਬੰਧ ਵਿਚ ਸਿੱਖਿਆ ਦਾ ਬਚਨ ਬੋਲਦੇ ਹਨ (ਪਰ ਉਹ ਸਿੱਖਿਆ) ਸਾਰੇ ਸੰਸਾਰ ਲਈ ਸਾਂਝੀ ਹੁੰਦੀ ਹੈ,
28114	647	ਗੁਰਮੁਖਿ ਹੋਇ ਸੁ ਭਉ ਕਰੇ ਆਪਣਾ ਆਪੁ ਪਛਾਣੈ॥		Guramukh Hoe S Bho Karae Aapanaa Aap Pashhaanai ||	One who becomes Gurmukh knows the Fear of God, and realizes his own self.	ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੁੰਦਾ ਹੈ, ਉਹ (ਸੁਣ ਕੇ) ਪ੍ਰਭੂ ਦਾ ਡਰ (ਹਿਰਦੇ ਵਿਚ ਧਾਰਨ) ਕਰਦਾ ਹੈ, ਤੇ ਆਪਣੇ ਆਪ ਦੀ ਖੋਜ ਕਰਦਾ ਹੈ।

28115	647	ਗੁਰ ਪਰਸਾਦੀ ਜੀਵਤੁ ਮਰੈ ਤਾ ਮਨ ਹੀ ਤੇ ਮਨੁ ਮਾਨੈ॥		Gur Parasaadhee Jeevath Marai Thaa Man Hee Thae Man Maanai ||	If, by Guru's Grace, one remains dead while yet alive, the mind becomes content in itself.	ਸਤਿਗੁਰੂ ਦੀ ਕਿਰਪਾ ਨਾਲ ਉਹ ਸੰਸਾਰ ਵਿਚ ਵਰਤਦਾ ਹੋਇਆ ਹੀ ਮਾਇਆ ਵਲੋਂ ਉਦਾਸ ਰਹਿੰਦਾ ਹੈ, ਤਾਂ ਉਸ ਦਾ ਮਨ ਆਪਣੇ ਆਪ ਵਿਚ ਪਤੀਜ ਜਾਂਦਾ ਹੈ (ਬਾਹਰ ਭਟਕਣੋਂ ਹਟ ਜਾਂਦਾ ਹੈ)।
28116	647	ਜਿਨ ਕਉ ਮਨ ਕੀ ਪਰਤੀਤਿ ਨਾਹੀ ਨਾਨਕ ਸੇ ਕਿਆ ਕਥਹਿ ਗਿਆਨੈ॥੧॥		Jin Ko Man Kee Paratheeth Naahee Naanak Sae Kiaa Kathhehi Giaanai ||1||	Those who have no faith in their own minds, O Nanak - how can they speak of spiritual wisdom? ||1||	ਹੇ ਨਾਨਕ! ਜਿਨ੍ਹਾਂ ਦਾ ਮਨ ਪਤੀਜਿਆ ਨਹੀਂ, ਉਹਨਾਂ ਨੂੰ ਗਿਆਨ ਦੀਆਂ ਗੱਲਾਂ ਕਰਨ ਦਾ ਕੋਈ ਲਾਭ ਨਹੀਂ ਹੁੰਦਾ ॥੧॥
28117	647	ਮਃ ੩॥		Ma 3 ||	Third Mehl:	
28118	647	ਗੁਰਮੁਖਿ ਚਿਤੁ ਨ ਲਾਇਓ ਅੰਤਿ ਦੁਖੁ ਪਹੁਤਾ ਆਇ॥		Guramukh Chith N Laaeiou Anth Dhukh Pahuthaa Aae ||	Those who do not focus their consciousness on the Lord, as Gurmukh, suffer pain and grief in the end.	ਹੇ ਪੰਡਿਤ! ਜਿਨ੍ਹਾਂ ਮਨੁੱਖਾਂ ਨੇ ਸਤਿਗੁਰੂ ਦੇ ਸਨਮੁਖ ਹੋ ਕੇ (ਹਰੀ ਵਿਚ) ਮਨ ਨਹੀਂ ਜੋੜਿਆ, ਉਹਨਾਂ ਨੂੰ ਆਖ਼ਰ ਦੁੱਖ ਵਾਪਰਦਾ ਹੈ;
28119	647	ਅੰਦਰਹੁ ਬਾਹਰਹੁ ਅੰਧਿਆਂ ਸੁਧਿ ਨ ਕਾਈ ਪਾਇ॥		Andharahu Baaharahu Andhhiaaan Sudhh N Kaaee Paae ||	They are blind, inwardly and outwardly, and they do not understand anything.	ਉਹਨਾਂ ਅੰਦਰੋਂ ਤੇ ਬਾਹਰੋਂ ਅੰਨ੍ਹਿਆਂ ਨੂੰ ਕੋਈ ਸਮਝ ਨਹੀਂ ਆਉਂਦੀ।

28120	647	ਪੰਡਿਤ ਤਿਨ ਕੀ ਬਰਕਤੀ ਸਭੁ ਜਗਤੁ ਖਾਇ ਜੋ ਰਤੇ ਹਰਿ ਨਾਇ॥	(ਬਰ-ਕਤੀ) ਸਦਕੇ। ਬਰ-ਕਤੀ:ਪੋਲਾ ਬੋਲੋ ਜੱਗਤੁ। ਰੱਤੇ	Panddith Thin Kee Barakathee Sabh Jagath Khaae Jo Rathae Har Naae ||	O Pandit, O religious scholar, the whole world is fed for the sake of those who are attuned to the Lord's Name.	(ਪਰ) ਹੇ ਪੰਡਿਤ! ਉਹਨਾਂ ਦੀ ਕਮਾਈ ਦੀ ਬਰਕਤਿ ਸਾਰਾ ਸੰਸਾਰ ਖਾਂਦਾ ਹੈ, ਜੋ ਮਨੁੱਖ ਹਰੀ ਦੇ ਨਾਮ ਵਿਚ ਰੱਤੇ ਹੋਏ ਹਨ,
28121	647	ਜਿਨ ਗੁਰ ਕੈ ਸਬਦਿ ਸਲਾਹਿਆ ਹਰਿ ਸਿਉ ਰਹੇ ਸਮਾਇ॥		Jin Gur Kai Sabadh Salaahiaa Har Sio Rehae Samaae ||	Those who praise the Word of the Guru's Shabad, remain blended with the Lord.	ਜਿਨ੍ਹਾਂ ਨੇ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਸਿਫ਼ਤ-ਸਾਲਾਹ ਕੀਤੀ ਹੈ ਤੇ ਹਰੀ ਵਿੱਚ ਲੀਨ ਹਨ।
28122	647	ਪੰਡਿਤ ਦੂਜੈ ਭਾਇ ਬਰਕਤਿ ਨ ਹੋਵਈ ਨਾ ਧਨੁ ਪਲੈ ਪਾਇ॥	ਬਰ-ਕਤਿ:ਪੋਲਾ ਬੋਲੋ	Panddith Dhoojai Bhaae Barakath N Hovee Naa Dhhan Palai Paae ||	O Pandit, O religious scholar, no one is satisfied, and no one finds true wealth through the love of duality.	ਹੇ ਪੰਡਿਤ! ਮਾਇਆ ਦੇ ਮੋਹ ਵਿਚ (ਫਸੇ ਰਿਹਾਂ) ਬਰਕਤਿ ਨਹੀਂ ਹੋ ਸਕਦੀ (ਆਤਮਿਕ ਜੀਵਨ ਵਧਦਾ-ਫੁਲਦਾ ਨਹੀਂ) ਤੇ ਨਾਹ ਹੀ ਨਾਮ-ਧਨ ਮਿਲਦਾ ਹੈ;
28123	647	ਪੜਿ ਥਕੇ ਸੰਤੋਖੁ ਨ ਆਇਓ ਅਨ ਦਿਨੁ ਜਲਤ ਵਿਹਾਇ॥		Parr Thhakae Santhokh N Aaeiou Anadhin Jalath Vihaae ||	They have grown weary of reading scriptures, but still, they do not find contentment, and they pass their lives burning, night and day.	ਪੜ੍ਹ ਕੇ ਥੱਕ ਜਾਂਦੇ ਹਨ, ਪਰ ਸੰਤੋਖ ਨਹੀਂ ਆਉਂਦਾ ਤੇ ਹਰ ਵੇਲੇ (ਉਮਰ) ਸੜਦਿਆਂ ਹੀ ਗੁਜ਼ਰਦੀ ਹੈ;

28124	647	ਕੂਕ ਪੂਕਾਰ ਨ ਚੁਕਈ ਨਾ ਸੰਸਾ ਵਿਚਹੁ ਜਾਇ॥		Kook Pookaar N Chukee Naa Sansaa Vichahu Jaae ||	Their cries and complaints never end, and doubt does not depart from within them.	ਉਹਨਾਂ ਦੀ ਗਿਲਾ-ਗੁਜ਼ਾਰੀ ਮੁੱਕਦੀ ਨਹੀਂ ਤੇ ਮਨ ਵਿਚੋਂ ਚਿੰਤਾ ਨਹੀਂ ਜਾਂਦੀ।
28125	647	ਨਾਨਕ ਨਾਮ ਵਿਹੂਣਿਆ ਮੁਹਿ ਕਾਲੈ ਉਠਿ ਜਾਇ॥੨॥		Naanak Naam Vihooniaa Muhi Kaalai Outh Jaae ||2||	O Nanak, without the Naam, the Name of the Lord, they rise up and depart with blackened faces. ||2||	ਹੇ ਨਾਨਕ! ਨਾਮ ਤੋਂ ਸੱਖਣਾ ਰਹਿਣ ਕਰਕੇ ਮਨੁੱਖ ਕਾਲੇ-ਮੂੰਹ ਹੀ (ਸੰਸਾਰ ਤੋਂ) ਉੱਠ ਜਾਂਦਾ ਹੈ ॥੨॥
28126	647	ਪਉੜੀ॥		Pourree ||	Pauree:	
28127	647	ਹਰਿ ਸਜਣ ਮੇਲਿ ਪਿਆਰੇ ਮਿਲਿ ਪੰਥੁ ਦਸਾਈ॥		Har Sajan Mael Piaarae Mil Panthh Dhasaaee ||	O Beloved, lead me to meet my True Friend; meeting with Him, I shall ask Him to show me the Path.	ਹੇ ਪਿਆਰੇ ਹਰੀ! ਮੈਨੂੰ ਗੁਰਮੁਖ ਮਿਲਾ, ਜਿਨ੍ਹਾਂ ਨੂੰ ਮਿਲ ਕੇ ਮੈਂ ਤੇਰਾ ਰਾਹ ਪੁੱਛਾਂ।
28128	647	ਜੋ ਹਰਿ ਦਸੇ ਮਿਤੁ ਤਿਸੁ ਹਉ ਬਲਿ ਜਾਈ॥	ਦੱਸੇ	Jo Har Dhasae Mith This Ho Bal Jaaee ||	I am a sacrifice to that Friend, who shows it to me.	ਜੋ ਮਨੁੱਖ ਮੈਨੂੰ ਹਰੀ ਮਿਤ੍ਰ (ਦੀ ਖ਼ਬਰ) ਦੱਸੇ, ਮੈਂ ਉਸ ਤੋਂ ਸਦਕੇ ਹਾਂ।
28129	647	ਗੁਣ ਸਾਝੀ ਤਿਨ ਸਿਉ ਕਰੀ ਹਰਿ ਨਾਮੁ ਧਿਆਈ॥	ਸਾਂਝੀ	Gun Saajhee Thin Sio Karee Har Naam Dhhiaaee ||	I share His Virtues with Him, and meditate on the Lord's Name.	ਉਹਨਾਂ ਨਾਲ ਮੈਂ ਗੁਣਾਂ ਦੀ ਭਿਆਲੀ ਪਾਵਾਂ ਤੇ ਹਰੀ-ਨਾਮ ਸਿਮਰਾਂ।

28130	647	ਹਰਿ ਸੇਵੀ ਪਿਆਰਾ ਨਿਤ ਸੇਵਿ ਹਰਿ ਸੁਖੁ ਪਾਈ॥		Har Saevee Piaaraa Nith Saev Har Sukh Paaee ||	I serve my Beloved Lord forever; serving the Lord, I have found peace.	ਮੈਂ ਸਦਾ ਪਿਆਰਾ ਹਰੀ ਸਿਮਰਾਂ ਤੇ ਸਿਮਰ ਕੇ ਸੁਖ ਲਵਾਂ।
28131	647	ਬਲਿਹਾਰੀ ਸਤਿਗੁਰ ਤਿਸੁ ਜਿਨਿ ਸੋਝੀ ਪਾਈ॥੧੨॥		Balihaaree Sathigur This Jin Sojhee Paaee ||12||	I am a sacrifice to the True Guru, who has imparted this understanding to me. ||12||	ਮੈਂ ਸਦਕੇ ਹਾਂ ਉਸ ਸਤਿਗੁਰੂ ਤੋਂ, ਜਿਸ ਨੇ (ਪਰਮਾਤਮਾ ਦੀ) ਸਮਝ ਬਖ਼ਸ਼ੀ ਹੈ ॥੧੨॥
28132	647	ਸਲੋਕੁ ਮਃ ੩॥		Salok Ma 3 ||	Shalok, Third Mehl:	
28133	647	ਪੰਡਿਤ ਮੈਲੁ ਨ ਚੁਕਈ ਜੇ ਵੇਦ ਪੜੈ ਜੁਗ ਚਾਰਿ॥	ਪੜੈ	Panddith Mail N Chukee Jae Vaedh Parrai Jug Chaar ||	O Pandit, O religious scholar, your filth shall not be erased, even if you read the Vedas for four ages.	ਪੰਡਿਤ ਦੀ (ਭੀ) ਮੈਲ ਦੂਰ ਨਹੀਂ ਹੁੰਦੀ, ਭਾਵੇਂ ਚਾਰੇ ਜੁਗ ਵੇਦ ਪੜ੍ਹਦਾ ਰਹੇ।
28134	647	ਤ੍ਰੈ ਗੁਣ ਮਾਇਆ ਮੂਲੁ ਹੈ ਵਿਚਿ ਹਉਮੈ ਨਾਮੁ ਵਿਸਾਰਿ॥		Thrai Gun Maaeiaa Mool Hai Vich Houmai Naam Visaar ||	The three qualities are the roots of Maya; in egotism, one forgets the Naam, the Name of the Lord.	(ਕਿਉਂਕਿ) ਤਿੰਨਾਂ ਗੁਣਾਂ ਵਾਲੀ ਮਾਇਆ (ਇਸ ਮੈਲ ਦਾ) ਕਾਰਨ ਹੈ, (ਜਿਸ ਕਰਕੇ ਪੰਡਿਤ) ਹਉਮੈ ਵਿਚ ਨਾਮ ਵਿਸਾਰ ਦੇਂਦਾ ਹੈ।
28135	647	ਪੰਡਿਤ ਭੂਲੇ ਦੂਜੈ ਲਾਗੇ ਮਾਇਆ ਕੈ ਵਾਪਾਰਿ॥		Panddith Bhoolae Dhoojai Laagae Maaeiaa Kai Vaapaar ||	The Pandits are deluded, attached to duality, and they deal only in Maya.	ਭੁੱਲੇ ਹੋਏ ਪੰਡਿਤ ਮਾਇਆ ਦੇ ਵਪਾਰ ਵਿਚ ਤੇ ਮਾਇਆ ਦੇ ਮੋਹ ਵਿਚ ਲੱਗੇ ਹੋਏ ਹਨ।

28136	647	ਅੰਤਰਿ ਤ੍ਰਿਸਨਾ ਭੁਖ ਹੈ ਮੂਰਖ ਭੁਖਿਆ ਮੁਏ ਗਵਾਰ॥	ਭੁੱਖ, ਭੁੱਖਿਆ	Anthar Thrisanaa Bhukh Hai Moorakh Bhukhiaa Mueae Gavaar ||	They are filled with thirst and hunger; the ignorant fools starve to death.	ਉਹਨਾਂ ਦੇ ਅੰਦਰ ਤ੍ਰਿਸ਼ਨਾ ਹੈ ਭੁੱਖ ਹੈ, ਗਵਾਰ ਮੂਰਖ ਭੁੱਲੇ ਹੀ ਮਰ ਗਏ ਹਨ (ਭਾਵੇਂ ਧਰਮ ਪੁਸਤਕਾਂ ਪੜ੍ਹਦੇ ਹਨ) (ਭਾਵ, ਮਾਇਆ ਦੇ ਲਾਲਚ ਵਿਚ ਰਹਿ ਕੇ ਆਤਮਕ ਮੌਤ ਸਹੇੜ ਗਏ)।
28137	647	ਸਤਿਗੁਰਿ ਸੇਵਿਐ ਸੁਖੁ ਪਾਇਆ ਸਚੈ ਸਬਦਿ ਵੀਚਾਰਿ॥		Sathigur Saeviai Sukh Paaeiaa Sachai Sabadh Veechaar ||	Serving the True Guru, peace is obtained, contemplating the True Word of the Shabad.	ਸਤਿਗੁਰੂ ਦੇ ਦੱਸੇ ਰਾਹ ਤੇ ਤੁਰਿਆਂ ਤੇ ਸੱਚੇ ਸ਼ਬਦ ਵਿਚ ਵਿਚਾਰ ਕੀਤਿਆਂ ਸੁਖ ਮਿਲਦਾ ਹੈ।
28138	647	ਅੰਦਰਹੁ ਤ੍ਰਿਸਨਾ ਭੁਖ ਗਈ ਸਚੈ ਨਾਇ ਪਿਆਰਿ॥		Andharahu Thrisanaa Bhukh Gee Sachai Naae Piaar ||	Hunger and thirst have departed from within me; I am in love with the True Name.	ਸੱਚੇ ਨਾਮ ਵਿਚ ਪਿਆਰ ਕਰਨ ਨਾਲ ਅੰਦਰੋਂ ਤ੍ਰਿਸ਼ਨਾ ਤੇ ਭੁੱਖ ਦੂਰ ਹੋ ਜਾਂਦੀ ਹੈ।
28139	647	ਨਾਨਕ ਨਾਮਿ ਰਤੇ ਸਹਜੇ ਰਜੇ ਜਿਨਾ ਹਰਿ ਰਖਿਆ ਉਰਿ ਧਾਰਿ॥੧॥	ਰੱਜੇ	Naanak Naam Rathae Sehajae Rajae Jinaa Har Rakhiaa Our Dhaar ||1||	O Nanak, those who are imbued with the Naam, who keep the Lord clasped tightly to their hearts, are automatically satisfied. ||1||	ਹੇ ਨਾਨਕ! ਜੋ ਮਨੁੱਖ ਨਾਮ ਵਿਚ ਰੰਗੇ ਹੋਏ ਹਨ ਤੇ ਜਿਨ੍ਹਾਂ ਨੇ ਹਰੀ ਨੂੰ ਹਿਰਦੇ ਵਿਚ ਪਰੋਇਆ ਹੋਇਆ ਹੈ ਉਹ ਆਤਮਕ ਅਡੋਲਤਾ ਵਿਚ ਟਿਕ ਕੇ ਸੰਤੋਖੀ ਹੋ ਗਏ ਹਨ ॥੧॥
28140	647	ਮਃ ੩॥		Ma 3 ||	Third Mehl:	

28141	647	ਮਨਮੁਖ ਹਰਿ ਨਾਮੁ ਨ ਸੇਵਿਆ ਦੁਖੁ ਲਗਾ ਬਹੁਤਾ ਆਇ॥		Manamukh Har Naam N Saeviaa Dhukh Lagaa Bahuthaa Aae ||	The self-willed manmukh does not serve the Lord's Name, and so he suffers in horrible pain.	ਮਨਮੁਖ ਨੇ ਹਰੀ ਦਾ ਨਾਮ ਨਹੀਂ ਸਿਮਰਿਆ, ਇਸ ਕਰਕੇ ਬਹੁਤਾ ਦੁਖੀ ਹੁੰਦਾ ਹੈ।
28142	647	ਅੰਤਰਿ ਅਗਿਆਨੁ ਅੰਧੇਰੁ ਹੈ ਸੁਧਿ ਨ ਕਾਈ ਪਾਇ॥		Anthar Agiaan Andhhaer Hai Sudhh N Kaaee Paae ||	He is filled with the darkness of ignorance, and he does not understand anything.	ਉਸ ਦੇ ਹਿਰਦੇ ਵਿਚ ਅਗਿਆਨ (-ਰੂਪ) ਹਨੇਰਾ ਹੁੰਦਾ ਹੈ (ਇਸ ਲਈ) ਉਸ ਨੂੰ ਕੋਈ ਸੋਝੀ ਨਹੀਂ ਪੈਂਦੀ।
28143	647	ਮਨ ਹਠਿ ਸਹਜਿ ਨ ਬੀਜਿਓ ਭੁਖਾ ਕਿ ਅਗੈ ਖਾਇ॥		Manehath Sehaj N Beejiou Bhukhaa K Agai Khaae ||	Because of his stubborn mind, he does not plant the seeds of intuitive peace; what will he eat in the world hereafter, to satisfy his hunger?	ਮਨ ਦੇ ਹਠ ਕਰਕੇ ਉਹ ਅਡੋਲ ਅਵਸਥਾ ਵਿਚ ਕੁਝ ਨਹੀਂ ਬੀਜਦਾ (ਨਾਮ ਨਹੀਂ ਜਪਦਾ), (ਇਸ ਆਤਮਕ ਖ਼ੁਰਾਕ ਤੋਂ ਸੱਖਣਾ) ਭੁੱਖਾ ਅੱਗੇ ਕੀਹ ਖਾਏਗਾ?
28144	647	ਨਾਮੁ ਨਿਧਾਨੁ ਵਿਸਾਰਿਆ ਦੂਜੈ ਲਗਾ ਜਾਇ ॥		Naam Nidhhaan Visaariaa Dhoojai Lagaa Jaae ||	He has forgotten the treasure of the Naam; he is caught in the love of duality.	(ਮਨਮੁਖ) ਨਾਮ-ਖ਼ਜ਼ਾਨਾ ਵਿਸਾਰ ਕੇ ਮਾਇਆ ਵਿਚ ਜਾ ਲੱਗਾ ਹੈ।

28145	647	ਨਾਨਕ ਗੁਰਮੁਖਿ ਮਿਲਹਿ ਵਡਿਆਈਆ ਜੇ ਆਪੇ ਮੇਲਿ ਮਿਲਾਇ॥੨॥		Naanak Guramukh Milehi Vaddiaaeeaa Jae Aapae Mael Milaae ||2||	O Nanak, the Gurmukhs are honored with glory, when the Lord Himself unites them in His Union. ||2||	ਹੇ ਨਾਨਕ! ਸਤਿਗੁਰੂ ਦੇ ਸਨਮੁਖ ਹੋਏ ਮਨੁੱਖਾਂ ਨੂੰ ਵਡਿਆਈ ਮਿਲਦੀ ਹੈ, ਜੇ ਹਰੀ ਆਪ ਹੀ ਸੰਗਤਿ ਵਿਚ ਮਿਲਾ ਲਏ ॥੨॥
28146	647	ਪਉੜੀ॥		Pourree ||	Pauree:	
28147	647	ਹਰਿ ਰਸਨਾ ਹਰਿ ਜਸੁ ਗਾਵੈ ਖਰੀ ਸੁਹਾਵਣੀ॥		Har Rasanaa Har Jas Gaavai Kharee Suhaavanee ||	The tongue which sings the Lord's Praises, is so very beautiful.	ਜੋ ਜੀਭ ਹਰੀ ਦਾ ਜਸ ਗਾਉਂਦੀ ਹੈ, ਉਹ ਬੜੀ ਸੁੰਦਰ ਲਗਦੀ ਹੈ;
28148	647	ਜੋ ਮਨਿ ਤਨਿ ਮੁਖਿ ਹਰਿ ਬੋਲੈ ਸਾ ਹਰਿ ਭਾਵਣੀ॥		Jo Man Than Mukh Har Bolai Saa Har Bhaavanee ||	One who speaks the Lord's Name, with mind, body and mouth, is pleasing to the Lord.	ਜੋ ਮਨੋਂ ਤਨੋਂ ਹੋ ਕੇ ਮੂੰਹੋਂ ਹਰੀ-ਨਾਮ ਬੋਲਦੀ ਹੈ ਉਹ ਹਰੀ ਨੂੰ ਪਿਆਰੀ ਲੱਗਦੀ ਹੈ;
28149	647	ਜੋ ਗੁਰਮੁਖਿ ਚਖੈ ਸਾਦੁ ਸਾ ਤ੍ਰਿਪਤਾਵਣੀ॥		Jo Guramukh Chakhai Saadh Saa Thripathaavanee ||	That Gurmukh tastes the the sublime taste of the Lord, and is satisfied.	ਜੋ ਸਤਿਗੁਰੂ ਦੇ ਸਨਮੁਖ ਹੋ ਕੇ ਸੁਆਦ ਚੱਖਦੀ ਹੈ, ਉਹ ਰੱਜ ਜਾਂਦੀ ਹੈ (ਭਾਵ, ਉਹ ਜੀਭ ਹੋਰ ਰਸਾਂ ਵੱਲ ਨਹੀਂ ਦੌੜਦੀ)।
28150	647	ਗੁਣ ਗਾਵੈ ਪਿਆਰੇ ਨਿਤ ਗੁਣ ਗਾਇ ਗੁਣੀ ਸਮਝਾਵਣੀ॥		Gun Gaavai Piaarae Nith Gun Gaae Gunee Samajhaavanee ||	She sings continually the Glorious Praises of her Beloved; singing His Glorious Praises, she is uplifted.	ਪਿਆਰੇ ਹਰੀ ਦੇ ਗੁਣ ਸਦਾ ਗਾਉਂਦੀ ਹੈ ਤੇ ਗੁਣ ਗਾ ਕੇ ਗੁਣੀ (ਹਰੀ) ਦੀ (ਹੋਰਨਾਂ ਨੂੰ) ਸਿੱਖਿਆ ਦੇਂਦੀ ਹੈ।

28151	647	ਜਿਸੁ ਹੋਵੈ ਆਪਿ ਦਇਆਲੁ ਸਾ ਸਤਿਗੁਰੂ ਗੁਰੂ ਬੁਲਾਵਣੀ॥੧੩॥		Jis Hovai Aap Dhaeiaal Saa Sathiguroo Guroo Bulaavanee ||13||	She is blessed with the Lord's Mercy, and she chants the Words of the Guru, the True Guru. ||13||	ਜਿਸ (ਜੀਭ) ਤੇ ਹਰੀ ਆਪ ਦਿਆਲ ਹੁੰਦਾ ਹੈ, ਉਹ 'ਗੁਰੂ ਗੁਰੂ' ਜਪਦੀ ਹੈ ॥੧੩॥
28152	647	ਸਲੋਕੁ ਮਃ ੩॥		Salok Ma 3 ||	Shalok, Third Mehl:	
28153	647	ਹਸਤੀ ਸਿਰਿ ਜਿਉ ਅੰਕਸੁ ਹੈ ਅਹਰਣਿ ਜਿਉ ਸਿਰੁ ਦੇਇ॥	ਅਹਰਣਿ	Hasathee Sir Jio Ankas Hai Aharan Jio Sir Dhaee ||	The elephant offers its head to the reins, and the anvil offers itself to the hammer;	ਜਿਵੇਂ ਹਾਥੀ ਦੇ ਸਿਰ ਤੇ ਕੁੰਡਾ ਹੈ ਤੇ ਜਿਵੇਂ ਅਹਰਣ (ਵਦਾਨ ਹੇਠਾਂ) ਸਿਰ ਦੇਂਦੀ ਹੈ,
28154	647	ਮਨੁ ਤਨੁ ਆਗੈ ਰਾਖਿ ਕੈ ਊਭੀ ਸੇਵ ਕਰੇਇ॥		Man Than Aagai Raakh Kai Oobhee Saev Karaee ||	Just so, we offer our minds and bodies to our Guru; we stand before Him, and serve Him.	ਤਿਵੇਂ ਸਰੀਰ ਤੇ ਮਨ (ਸਤਿਗੁਰੂ ਨੂੰ) ਅਰਪਣ ਕਰ ਕੇ ਸਾਵਧਾਨ ਹੋ ਕੇ ਸੇਵਾ ਕਰੋ;
28155	648	ਇਉ ਗੁਰਮੁਖਿ ਆਪੁ ਨਿਵਾਰੀਐ ਸਭੁ ਰਾਜੁ ਸ੍ਰਿਸਟਿ ਕਾ ਲੇਇ॥	(ਆਪੁ) ਹਉਮੈ। (ਨਿਵਾਰੀਐ) ਦੂਰ ਕਰੀਏ	Eio Guramukh Aap Nivaareeai Sabh Raaj Srisatt Kaa Laee ||	This is how the Gurmukhs eliminate their self-conceit, and come to rule the whole world.	ਸਤਿਗੁਰੂ ਦੇ ਸਨਮੁਖ ਹੋਇਆਂ ਮਨੁੱਖ ਇਸ ਤਰ੍ਹਾਂ ਆਪਾ-ਭਾਵ ਗਵਾਂਦਾ ਹੈ ਤੇ, ਮਾਨੋ, ਸਾਰੀ ਸ੍ਰਿਸ਼ਟੀ ਦਾ ਰਾਜ ਲੈ ਲੈਂਦਾ ਹੈ।

28156	648	ਨਾਨਕ ਗੁਰਮੁਖਿ ਬੁਝੀਐ ਜਾ ਆਪੇ ਨਦਰਿ ਕਰੇਇ॥੧॥	ਬੁੱਝੀਐ	Naanak Guramukh Bujheeai Jaa Aapae Nadhar Karaee ||1||	O Nanak, the Gurmukh understands, when the Lord casts His Glance of Grace. ||1||	ਹੇ ਨਾਨਕ! ਜਦੋਂ ਹਰੀ ਆਪ ਕ੍ਰਿਪਾ ਦੀ ਨਜ਼ਰ ਕਰਦਾ ਹੈ ਤਦੋਂ ਸਤਿਗੁਰੂ ਦੇ ਸਨਮੁਖ ਹੋ ਕੇ ਇਹ ਸਮਝ ਆਉਂਦੀ ਹੈ ॥੧॥
28157	648	ਮਃ ੩॥		Ma 3 ||	Third Mehl:	
28158	648	ਜਿਨ ਗੁਰਮੁਖਿ ਨਾਮੁ ਧਿਆਇਆ ਆਏ ਤੇ ਪਰਵਾਣੁ ॥		Jin Guramukh Naam Dhhiaaeiaa Aaeae Thae Paravaan ||	Blessed and approved is the coming into the world, of those Gurmukhs who meditate on the Naam, the Name of the Lord.	(ਸੰਸਾਰ ਵਿਚ) ਆਏ ਉਹ ਮਨੁੱਖ ਕਬੂਲ ਹਨ ਜਿਨ੍ਹਾਂ ਨੇ ਸਤਿਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਨਾਮ ਸਿਮਰਿਆ ਹੈ;
28159	648	ਨਾਨਕ ਕੁਲ ਉਧਾਰਹਿ ਆਪਣਾ ਦਰਗਹ ਪਾਵਹਿ ਮਾਣੁ॥੨॥		Naanak Kul Oudhhaarehi Aapanaa Dharageh Paavehi Maan ||2||	O Nanak, they save their families, and they are honored in the Court of the Lord. ||2||	ਹੇ ਨਾਨਕ! ਉਹ ਮਨੁੱਖ ਆਪਣੀ ਕੁਲ ਨੂੰ ਤਾਰ ਲੈਂਦੇ ਹਨ ਤੇ ਆਪ ਦਰਗਾਹ ਵਿਚ ਆਦਰ ਪਾਂਦੇ ਹਨ ॥੨॥
28160	648	ਪਉੜੀ॥		Pourree ||	Pauree:	
28161	648	ਗੁਰਮੁਖਿ ਸਖੀਆ ਸਿਖ ਗੁਰੂ ਮੇਲਾਈਆ॥		Guramukh Sakheeaa Sikh Guroo Maelaaeeaa ||	The Guru unites His Sikhs, the Gurmukhs, with the Lord.	ਸਤਿਗੁਰੂ ਨੇ ਗੁਰਮੁਖ ਸਿੱਖ (-ਰੂਪ) ਸਹੇਲੀਆਂ (ਆਪੋ ਵਿਚ) ਮਿਲਾਈਆਂ ਹਨ;

28162	648	ਇਕਿ ਸੇਵਕ ਗੁਰ ਪਾਸਿ ਇਕਿ ਗੁਰਿ ਕਾਰੈ ਲਾਈਆ॥		Eik Saevak Gur Paas Eik Gur Kaarai Laaeeaa ||	The Guru keeps some of them with Himself, and engages others in His Service.	ਉਹਨਾਂ ਵਿਚੋਂ ਕਈ ਸਤਿਗੁਰੂ ਦੇ ਕੋਲ ਸੇਵਾ ਕਰਦੀਆਂ ਹਨ, ਕਈਆਂ ਨੂੰ ਸਤਿਗੁਰੂ ਨੇ (ਹੋਰ) ਕਾਰੇ ਲਾਇਆ ਹੋਇਆ ਹੈ;
28163	648	ਜਿਨਾ ਗੁਰੁ ਪਿਆਰਾ ਮਨਿ ਚਿਤਿ ਤਿਨਾ ਭਾਉ ਗੁਰੂ ਦੇਵਾਈਆ॥		Jinaa Gur Piaaraa Man Chith Thinaa Bhaao Guroo Dhaevaaeeaa ||	Those who cherish their Beloved in their conscious minds, the Guru blesses them with His Love.	ਜਿਨ੍ਹਾਂ ਦੇ ਮਨ ਵਿਚ ਪਿਆਰਾ ਗੁਰੂ ਵੱਸਦਾ ਹੈ, ਸਤਿਗੁਰੂ ਉਹਨਾਂ ਨੂੰ ਆਪਣਾ ਪਿਆਰ ਬਖ਼ਸ਼ਦਾ ਹੈ,
28164	648	ਗੁਰ ਸਿਖਾ ਇਕੋ ਪਿਆਰੁ ਗੁਰ ਮਿਤਾ ਪੁਤਾ ਭਾਈਆ॥		Gur Sikhaa Eiko Piaar Gur Mithaa Puthaa Bhaaeeaa ||	The Guru loves all of His Gursikhs equally well, like friends, children and siblings.	ਸਤਿਗੁਰੂ ਦਾ ਆਪਣੇ ਸਿੱਖਾਂ ਮਿੱਤ੍ਰਾਂ ਪੁਤ੍ਰਾਂ ਤੇ ਭਰਾਵਾਂ ਨਾਲ ਇਕੋ ਜਿਹਾ ਪਿਆਰ ਹੁੰਦਾ ਹੈ।
28165	648	ਗੁਰੁ ਸਤਿਗੁਰੁ ਬੋਲਹੁ ਸਭਿ ਗੁਰੁ ਆਖਿ ਗੁਰੂ ਜੀਵਾਈਆ॥੧੪॥		Gur Sathigur Bolahu Sabh Gur Aakh Guroo Jeevaaeeaa ||14||	So chant the Name of the Guru, the True Guru, everyone! Chanting the Name of the Guru, Guru, you shall be rejuvenated. ||14||	(ਹੇ ਸਿੱਖ ਸਹੇਲੀਓ!) ਸਾਰੀਆਂ 'ਗੁਰੂ, ਗੁਰੂ' ਆਖੋ, 'ਗੁਰੂ, ਗੁਰੂ' ਆਖਿਆਂ ਗੁਰੂ ਆਤਮਕ ਜੀਵਨ ਦੇ ਦੇਂਦਾ ਹੈ ॥੧੪॥
28166	648	ਸਲੋਕੁ ਮਃ ੩॥		Salok Ma 3 ||	Shalok, Third Mehl:	

28167	648	ਨਾਨਕ ਨਾਮੁ ਨ ਚੇਤਨੀ ਅਗਿਆਨੀ ਅੰਧੁਲੇ ਅਵਰੇ ਕਰਮ ਕਮਾਹਿ॥		Naanak Naam N Chaethanee Agiaanee Andhhulae Avarae Karam Kamaahi ||	O Nanak, the blind, ignorant fools do not remember the Naam, the Name of the Lord; they involve themselves in other activities.	ਹੇ ਨਾਨਕ! ਅੰਨ੍ਹੇ ਅਗਿਆਨੀ ਨਾਮ ਨਹੀਂ ਸਿਮਰਦੇ ਤੇ ਹੋਰ ਹੋਰ ਕੰਮ ਕਰਦੇ ਹਨ।
28168	648	ਜਮ ਦਰਿ ਬਧੇ ਮਾਰੀਅਹਿ ਫਿਰਿ ਵਿਸਟਾ ਮਾਹਿ ਪਚਾਹਿ॥੧॥		Jam Dhar Badhhae Maareeahi Fir Visattaa Maahi Pachaahi ||1||	They are bound and gagged at the door of the Messenger of Death; they are punished, and in the end, they rot away in manure. ||1||	(ਸਿੱਟਾ ਇਹ ਨਿਕਲਦਾ ਹੈ, ਕਿ) ਜਮ ਦੇ ਦਰ ਤੇ ਬੱਧੇ ਮਾਰ ਖਾਂਦੇ ਹਨ ਤੇ ਫਿਰ (ਵਿਕਾਰ-ਰੂਪ) ਵਿਸ਼ਟੇ ਵਿਚ ਸੜਦੇ ਹਨ ॥੧॥
28169	648	ਮਃ ੩॥		Ma 3 ||	Third Mehl:	
28170	648	ਨਾਨਕ ਸਤਿਗੁਰੁ ਸੇਵਹਿ ਆਪਣਾ ਸੇ ਜਨ ਸਚੇ ਪਰਵਾਣੁ॥		Naanak Sathigur Saevehi Aapanaa Sae Jan Sachae Paravaan ||	O Nanak, those humble beings are true and approved, who serve their True Guru.	ਹੇ ਨਾਨਕ! ਜੋ ਮਨੁੱਖ ਆਪਣੇ ਸਤਿਗੁਰੂ ਦੀ ਦੱਸੀ ਕਾਰ ਕਰਦੇ ਹਨ ਉਹ ਮਨੁੱਖ ਸੱਚੇ ਤੇ ਕਬੂਲ ਹਨ;
28171	648	ਹਰਿ ਕੈ ਨਾਇ ਸਮਾਇ ਰਹੇ ਚੂਕਾ ਆਵਣੁ ਜਾਣੁ॥੨॥		Har Kai Naae Samaae Rehae Chookaa Aavan Jaan ||2||	They remain absorbed in the Name of the Lord, and their comings and goings cease. ||2||	ਉਹ ਹਰੀ ਦੇ ਨਾਮ ਵਿਚ ਲੀਨ ਰਹਿੰਦੇ ਹਨ ਤੇ ਉਹਨਾਂ ਦਾ ਜੰਮਣਾ ਮਰਣਾ ਮੁੱਕ ਜਾਂਦਾ ਹੈ ॥੨॥
28172	648	ਪਉੜੀ॥		Pourree ||	Pauree:	

28173	648	ਧਨੁ ਸੰਪੈ ਮਾਇਆ ਸੰਚੀਐ ਅੰਤੇ ਦੁਖਦਾਈ॥		Dhhan Sanpai Maaeiaa Sancheeai Anthae Dhukhadhaaee ||	Gathering the wealth and property of Maya, brings only pain in the end.	ਧਨ, ਦੌਲਤ ਤੇ ਮਾਇਆ ਇਕੱਠੀ ਕਰੀਦੀ ਹੈ, ਪਰ ਅਖ਼ੀਰ ਨੂੰ ਦੁਖਦਾਈ ਹੁੰਦੀ ਹੈ;
28174	648	ਘਰ ਮੰਦਰ ਮਹਲ ਸਵਾਰੀਅਹਿ ਕਿਛੁ ਸਾਥਿ ਨ ਜਾਈ॥		Ghar Mandhar Mehal Savaareeahi Kishh Saathh N Jaaee ||	Homes, mansions and adorned palaces will not go with anyone.	ਘਰ, ਮੰਦਰ ਤੇ ਮਹਿਲ ਬਣਾਈਦੇ ਹਨ, ਪਰ ਕੁਝ ਨਾਲ ਨਹੀਂ ਜਾਂਦਾ;
28175	648	ਹਰਿ ਰੰਗੀ ਤੁਰੇ ਨਿਤ ਪਾਲੀਅਹਿ ਕਿਤੈ ਕਾਮਿ ਨ ਆਈ॥	(ਹਰਿ) ਹਰੇਕ ਕਿਸਮ ਦੇ। (ਤੁਰੇ) ਘੋੜੇ	Har Rangee Thurae Nith Paaleeahi Kithai Kaam N Aaee ||	He may breed horses of various colors, but these will not be of any use to him.	ਕਈ ਰੰਗਾਂ ਦੇ ਘੋੜੇ ਸਦਾ ਪਾਲੀਦੇ ਹਨ, ਪਰ ਕਿਸੇ ਕੰਮ ਨਹੀਂ ਆਉਂਦੇ।
28176	648	ਜਨ ਲਾਵਹੁ ਚਿਤੁ ਹਰਿ ਨਾਮ ਸਿਉ ਅੰਤਿ ਹੋਇ ਸਖਾਈ॥		Jan Laavahu Chith Har Naam Sio Anth Hoe Sakhaaee ||	O human, link your consciousness to the Lord's Name, and in the end, it shall be your companion and helper.	ਹੇ ਭਾਈ ਸੱਜਣੋ! ਹਰੀ ਦੇ ਨਾਮ ਨਾਲ ਚਿੱਤ ਜੋੜੋ, ਜੋ ਅਖ਼ੀਰ ਨੂੰ ਸਾਥੀ ਬਣੇ।
28177	648	ਜਨ ਨਾਨਕ ਨਾਮੁ ਧਿਆਇਆ ਗੁਰਮੁਖਿ ਸੁਖੁ ਪਾਈ॥੧੫॥		Jan Naanak Naam Dhhiaaeiaa Guramukh Sukh Paaee ||15||	Servant Nanak meditates on the Naam, the Name of the Lord; the Gurmukh is blessed with peace. ||15||	ਹੇ ਦਾਸ ਨਾਨਕ! ਜੋ ਮਨੁੱਖ ਨਾਮ ਸਿਮਰਦਾ ਹੈ, ਉਹ ਸਤਿਗੁਰੂ ਦੇ ਸਨਮੁਖ ਰਹਿ ਕੇ ਸੁਖ ਪਾਂਦਾ ਹੈ ॥੧੫॥

28178	648	ਸਲੋਕੁ ਮਃ ੩॥		Salok Ma 3 ||	Shalok, Third Mehl:	
28179	648	ਬਿਨੁ ਕਰਮੈ ਨਾਉ ਨ ਪਾਈਐ ਪੂਰੈ ਕਰਮਿ ਪਾਇਆ ਜਾਇ॥		Bin Karamai Naao N Paaeeai Poorai Karam Paaeiaa Jaae ||	Without the karma of good actions, the Name is not obtained; it can be obtained only by perfect good karma.	ਪੂਰੀ ਮੇਹਰ ਦੁਆਰਾ ਹਰੀ-ਨਾਮ ਲੱਭ ਸਕਦਾ ਹੈ, ਮੇਹਰ ਤੋਂ ਬਿਨਾ ਨਾਮ ਨਹੀਂ ਮਿਲਦਾ;
28180	648	ਨਾਨਕ ਨਦਰਿ ਕਰੇ ਜੇ ਆਪਣੀ ਤਾ ਗੁਰਮਤਿ ਮੇਲਿ ਮਿਲਾਇ॥੧॥		Naanak Nadhar Karae Jae Aapanee Thaa Guramath Mael Milaae ||1||	O Nanak, if the Lord casts His Glance of Grace, then under Guru's Instruction, one is united in His Union. ||1||	ਹੇ ਨਾਨਕ! ਜੇ ਹਰੀ ਆਪਣੀ ਕ੍ਰਿਪਾ-ਦ੍ਰਿਸ਼ਟੀ ਕਰੇ, ਤਾਂ ਸਤਿਗੁਰੂ ਦੀ ਸਿੱਖਿਆ ਵਿਚ ਲੀਨ ਕਰ ਕੇ ਮਿਲਾ ਲੈਂਦਾ ਹੈ ॥੧॥
28181	648	ਮਃ ੩॥		Ma 1 ||	First Mehl:	
28182	648	ਇਕ ਦਝਹਿ ਇਕ ਦਬੀਅਹਿ ਇਕਨਾ ਕੁਤੇ ਖਾਹਿ॥	(ਦੱਝਹਿ) ਸਾੜੇ। ਦੱਬੀਅਹਿ	Eik Dhajhehi Eik Dhabeeahi Eikanaa Kuthae Khaahi ||	Some are cremated, and some are buried; some are eaten by dogs.	(ਮਰਨ ਤੇ) ਕੋਈ ਸਾੜੇ ਜਾਂਦੇ ਹਨ, ਕੋਈ ਦੱਬੇ ਜਾਂਦੇ ਹਨ, ਇਕਨਾਂ ਨੂੰ ਕੁੱਤੇ ਖਾਂਦੇ ਹਨ,

28183	648	ਇਕਿ ਪਾਣੀ ਵਿਚਿ ਉਸਟੀਅਹਿ ਇਕਿ ਭੀ ਫਿਰਿ ਹਸਣਿ ਪਾਹਿ॥	(ਹੱਸਣਿ) ਹੱਸਦੇ ਹਨ। ਉ-ਸੱਟੀਅਹਿ	Eik Paanee Vich Ousatteeahi Eik Bhee Fir Hasan Paahi ||	Some are thrown into water, while others are thrown into wells.	ਕੋਈ ਜਲ-ਪ੍ਰਵਾਹ ਕੀਤੇ ਜਾਂਦੇ ਹਨ ਤੇ ਕੋਈ ਸੁੱਕੇ ਖੂਹ ਵਿਚ ਰੱਖੇ ਜਾਂਦੇ ਹਨ।
28184	648	ਨਾਨਕ ਏਵ ਨ ਜਾਪਈ ਕਿਥੈ ਜਾਇ ਸਮਾਹਿ॥੨॥		Naanak Eaev N Jaapee Kithhai Jaae Samaahi ||2||	O Nanak, it is not known, where they go and into what they merge. ||2||	ਪਰ, ਹੇ ਨਾਨਕ! (ਸਰੀਰ ਦੇ) ਇਸ ਸਾੜਨ ਦੱਬਣ ਆਦਿਕ ਨਾਲ ਇਹ ਨਹੀਂ ਪਤਾ ਲੱਗ ਸਕਦਾ ਕਿ ਰੂਹਾਂ ਕਿੱਥੇ ਜਾ ਵੱਸਦੀਆਂ ਹਨ ॥੨॥
28185	648	ਪਉੜੀ॥		Pourree ||	Pauree:	
28186	648	ਤਿਨ ਕਾ ਖਾਧਾ ਪੈਧਾ ਮਾਇਆ ਸਭੁ ਪਵਿਤੁ ਹੈ ਜੋ ਨਾਮਿ ਹਰਿ ਰਾਤੇ॥		Thin Kaa Khaadhhaa Paidhhaa Maaeiaa Sabh Pavith Hai Jo Naam Har Raathae ||	The food and clothes, and all the worldly possessions of those who are attuned to the Lord's Name are sacred.	ਜੋ ਮਨੁੱਖ ਹਰੀ ਦੇ ਨਾਮ ਵਿਚ ਰੰਗੇ ਹੋਏ ਹਨ, ਉਹਨਾਂ ਦਾ ਮਾਇਆ ਨੂੰ ਵਰਤਣਾ, ਖਾਣਾ ਪਹਿਨਣਾ ਸਭ ਕੁਝ ਪਵਿੱਤ੍ਰ ਹੈ;

28187	648	ਤਿਨ ਕੇ ਘਰ ਮੰਦਰ ਮਹਲ ਸਰਾਈ ਸਭਿ ਪਵਿਤੁ ਹਹਿ ਜਿਨੀ ਗੁਰਮੁਖਿ ਸੇਵਕ ਸਿਖ ਅਭਿਆਗਤ ਜਾਇ ਵਰਸਾਤੇ॥	(ਅੱਭਿਆ-ਗਤ) ਸਾਧੂ। (ਵਰਸਾਤੇ) ਸੁਖ ਪਾਉਂਦੇ। ਸਰਾਈਂ	Thin Kae Ghar Mandhar Mehal Saraaee Sabh Pavith Hehi Jinee Guramukh Saevak Sikh Abhiaagath Jaae Varasaathae ||	All the homes, temples, palaces and way-stations are sacred, where the Gurmukhs, the selfless servants, the Sikhs and the renouncers of the world, go and take their rest.	ਉਹਨਾਂ ਦੇ ਘਰ, ਮੰਦਰ, ਮਹਿਲ ਤੇ ਸਰਾਵਾਂ ਸਭ ਪਵਿੱਤ੍ਰ ਹਨ, ਜਿਨ੍ਹਾਂ ਵਿਚੋਂ ਗੁਰਮੁਖਿ ਸੇਵਕ ਸਿੱਖ ਤੇ ਅਭਿਆਗਤ ਜਾ ਕੇ ਸੁਖ ਲੈਂਦੇ ਹਨ।
28188	648	ਤਿਨ ਕੇ ਤੁਰੇ ਜੀਨ ਖੁਰਗੀਰ ਸਭਿ ਪਵਿਤੁ ਹਹਿ ਜਿਨੀ ਗੁਰਮੁਖਿ ਸਿਖ ਸਾਧ ਸੰਤ ਚੜਿ ਜਾਤੇ॥	ਕਾਠੀ ਹੇਠ (ਖੁਰਗੀਰ) ਗੱਦੀ। ਚੜ੍ਹਿ	Thin Kae Thurae Jeen Khurageer Sabh Pavith Hehi Jinee Guramukh Sikh Saadhh Santh Charr Jaathae ||	All the horses, saddles and horse blankets are sacred, upon which the Gurmukhs, the Sikhs, the Holy and the Saints, mount and ride.	ਉਹਨਾਂ ਦੇ ਘੋੜੇ, ਜ਼ੀਨਾਂ, ਤਾਹਰੂ ਸਭ ਪਵਿੱਤ੍ਰ ਹਨ, ਜਿਨ੍ਹਾਂ ਉਤੇ ਗੁਰਮੁਖਿ ਸਿੱਖ ਸਾਧ ਸੰਤ ਚੜ੍ਹਦੇ ਹਨ;

28189	648	ਤਿਨ ਕੇ ਕਰਮ ਧਰਮ ਕਾਰਜ ਸਭਿ ਪਵਿਤੁ ਹਹਿ ਜੋ ਬੋਲਹਿ ਹਰਿ ਹਰਿ ਰਾਮ ਨਾਮੁ ਹਰਿ ਸਾਤੇ॥	(ਸੱਤੇ) ਸੱਚ ਸਰੂਪ	Thin Kae Karam Dhharam Kaaraj Sabh Pavith Hehi Jo Bolehi Har Har Raam Naam Har Saathae ||	All the rituals and Dharmic practices and deeds are sacred, for those who utter the Name of the Lord, Har, Har, the True Name of the Lord.	ਉਹਨਾਂ ਦੇ ਕੰਮ-ਕਾਜ ਸਭ ਪਵਿੱਤ੍ਰ ਹਨ, ਜੋ ਹਰ ਵੇਲੇ ਹਰੀ ਦਾ ਨਾਮ ਉਚਾਰਦੇ ਹਨ।
28190	648	ਜਿਨ ਕੈ ਪੋਤੈ ਪੁੰਨੁ ਹੈ ਸੇ ਗੁਰਮੁਖਿ ਸਿਖ ਗੁਰੂ ਪਹਿ ਜਾਤੇ॥੧੬॥		Jin Kai Pothai Punn Hai Sae Guramukh Sikh Guroo Pehi Jaathae ||16||	Those Gurmukhs, those Sikhs, who have purity as their treasure, go to their Guru. ||16||	(ਪਹਿਲੇ ਕੀਤੇ ਕੰਮਾਂ ਦੇ ਅਨੁਸਾਰ) ਜਿਨ੍ਹਾਂ ਦੇ ਪੱਲੇ (ਭਲੇ ਸੰਸਕਾਰ-ਰੂਪ) ਪੁੰਨ ਹੈ, ਉਹ ਗੁਰਮੁਖ ਸਿੱਖ ਸਤਿਗੁਰੂ ਦੀ ਸ਼ਰਨ ਆਉਂਦੇ ਹਨ ॥੧੬॥
28191	648	ਸਲੋਕੁ ਮਃ ੩॥		Salok Ma 3 ||	Shalok, Third Mehl:	
28192	648	ਨਾਨਕ ਨਾਵਹੁ ਘੁਥਿਆ ਹਲਤੁ ਪਲਤੁ ਸਭੁ ਜਾਇ॥	(ਘੁੱਥਿਆਂ) ਭੁੱਲਿਆਂ	Naanak Naavahu Ghuthhiaa Halath Palath Sabh Jaae ||	O Nanak, forsaking the Name, he loses everything, in this world and the next.	ਹੇ ਨਾਨਕ! ਨਾਮ ਤੋਂ ਖੁੰਝਿਆਂ ਦਾ ਲੋਕ ਪਰਲੋਕ ਸਭ ਵਿਅਰਥ ਜਾਂਦਾ ਹੈ;
28193	648	ਜਪੁ ਤਪੁ ਸੰਜਮੁ ਸਭੁ ਹਿਰਿ ਲਇਆ ਮੁਠੀ ਦੂਜੈ ਭਾਇ॥	(ਹਿਰਿ) ਲੁੱਟਣਾ	Jap Thap Sanjam Sabh Hir Laeiaa Muthee Dhoojai Bhaae ||	Chanting, deep meditation and austere self-disciplined practices are all wasted; he is deceived by the love of duality.	ਉਹਨਾਂ ਦਾ ਜਪ ਤਪ ਤੇ ਸੰਜਮ ਸਭ ਖੁੱਸ ਜਾਂਦਾ ਹੈ, ਤੇ ਮਾਇਆ ਦੇ ਮੋਹ ਵਿਚ (ਉਹਨਾਂ ਦੀ ਮਤਿ) ਠੱਗੀ ਜਾਂਦੀ ਹੈ;

28194	648	ਜਮ ਦਰਿ ਬਧੇ ਮਾਰੀਅਹਿ ਬਹੁਤੀ ਮਿਲੈ ਸਜਾਇ॥੧॥		Jam Dhar Badhhae Maareeahi Bahuthee Milai Sajaae ||1||	He is bound and gagged at the door of the Messenger of Death. He is beaten, and receives terrible punishment. ||1||	ਜਮ ਦੁਆਰ ਤੇ ਬੱਧੇ ਮਾਰੀਦੇ ਹਨ ਤੇ ਬੜੀ ਸਜ਼ਾ (ਉਹਨਾਂ ਨੂੰ) ਮਿਲਦੀ ਹੈ ॥੧॥
28195	649	ਮਃ ੩॥		Ma 3 ||	Third Mehl:	
28196	649	ਸੰਤਾ ਨਾਲਿ ਵੈਰੁ ਕਮਾਵਦੇ ਦੁਸਟਾ ਨਾਲਿ ਮੋਹੁ ਪਿਆਰੁ॥		Santhaa Naal Vair Kamaavadhae Dhusattaa Naal Mohu Piaar ||	They inflict their hatred upon the Saints, and they love the wicked sinners.	ਨਿੰਦਕ ਮਨੁੱਖ ਸੰਤ ਜਨਾਂ ਨਾਲ ਵੈਰ ਕਰਦੇ ਹਨ ਤੇ ਦੁਰਜਨਾਂ ਨਾਲ ਮੋਹ ਪਿਆਰ ਰੱਖਦੇ ਹਨ।
28197	649	ਅਗੈ ਪਿਛੈ ਸੁਖੁ ਨਹੀ ਮਰਿ ਜੰਮਹਿ ਵਾਰੋ ਵਾਰ॥		Agai Pishhai Sukh Nehee Mar Janmehi Vaaro Vaar ||	They find no peace in either this world or the next; they are born only to die, again and again.	ਉਹਨਾਂ ਨੂੰ ਲੋਕ ਪਰਲੋਕ ਵਿੱਚ ਕਿਤੇ ਸੁਖ ਨਹੀਂ ਮਿਲਦਾ।
28198	649	ਤ੍ਰਿਸਨਾ ਕਦੇ ਨ ਬੁਝਈ ਦੁਬਿਧਾ ਹੋਇ ਖੁਆਰੁ॥	ਬੁਝਈ:ਪੋਲਾ ਬੋਲੋ	Thrisanaa Kadhae N Bujhee Dhubidhhaa Hoe Khuaar ||	Their hunger is never satisfied, and they are ruined by duality.	ਘੜੀ ਮੁੜੀ ਦੁਬਿਧਾ ਵਿਚ ਖ਼ੁਆਰ ਹੋ ਹੋ ਕੇ, ਜੰਮਦੇ ਮਰਦੇ ਹਨ; ਉਹਨਾਂ ਦੀ ਤ੍ਰਿਸ਼ਨਾ ਕਦੇ ਨਹੀਂ ਲਹਿੰਦੀ।
28199	649	ਮੁਹ ਕਾਲੇ ਤਿਨਾ ਨਿੰਦਕਾ ਤਿਤੁ ਸਚੈ ਦਰਬਾਰਿ॥		Muh Kaalae Thinaa Nindhakaa Thith Sachai Dharabaar ||	The faces of these slanderers are blackened in the Court of the True Lord.	ਹਰੀ ਦੇ ਸੱਚੇ ਦਰਬਾਰ ਵਿਚ ਉਹਨਾਂ ਨਿੰਦਕਾਂ ਦੇ ਮੂੰਹ ਕਾਲੇ ਹੁੰਦੇ ਹਨ।

28200	649	ਨਾਨਕ ਨਾਮ ਵਿਹੂਣਿਆ ਨਾ ਉਰਵਾਰਿ ਨ ਪਾਰਿ॥੨॥		Naanak Naam Vihooniaa Naa Ouravaar N Paar ||2||	O Nanak, without the Naam, they find no shelter on either this shore, or the one beyond. ||2||	ਹੇ ਨਾਨਕ! ਨਾਮ ਤੋਂ ਸੱਖਣਿਆਂ ਨੂੰ ਨਾਹ ਇਸ ਲੋਕ ਵਿਚ ਤੇ ਨਾਹ ਪਰਲੋਕ ਵਿਚ (ਢੋਈ ਮਿਲਦੀ ਹੈ) ॥੨॥
28201	649	ਪਉੜੀ॥		Pourree ||	Pauree:	
28202	649	ਜੋ ਹਰਿ ਨਾਮੁ ਧਿਆਇਦੇ ਸੇ ਹਰਿ ਹਰਿ ਨਾਮਿ ਰਤੇ ਮਨ ਮਾਹੀ॥		Jo Har Naam Dhhiaaeidhae Sae Har Har Naam Rathae Man Maahee ||	Those who meditate on the Lord's Name are imbued with the Name of the Lord Har, Har, in their minds.	ਜੋ ਮਨੁੱਖ ਹਰੀ ਦਾ ਨਾਮ ਸਿਮਰਦੇ ਹਨ, ਉਹ ਅੰਦਰੋਂ ਹਰੀ-ਨਾਮ ਵਿਚ ਰੰਗੇ ਜਾਂਦੇ ਹਨ।
28203	649	ਜਿਨਾ ਮਨਿ ਚਿਤਿ ਇਕੁ ਅਰਾਧਿਆ ਤਿਨਾ ਇਕਸ ਬਿਨੁ ਦੂਜਾ ਕੋ ਨਾਹੀ॥		Jinaa Man Chith Eik Araadhhiaa Thinaa Eikas Bin Dhoojaa Ko Naahee ||	For those who worship the One Lord in their conscious minds, there is no other than the One Lord.	ਜਿਨ੍ਹਾਂ ਨੇ ਇਕਾਗ੍ਰ ਚਿੱਤ ਹੋ ਕੇ ਇਕ ਹਰੀ ਨੂੰ ਅਰਾਧਿਆ ਹੈ, ਉਹ ਉਸ ਤੋਂ ਬਿਨਾ ਕਿਸੇ ਹੋਰ ਨੂੰ ਨਹੀਂ ਜਾਣਦੇ।
28204	649	ਸੇਈ ਪੁਰਖ ਹਰਿ ਸੇਵਦੇ ਜਿਨ ਧੁਰਿ ਮਸਤਕਿ ਲੇਖੁ ਲਿਖਾਹੀ॥		Saeee Purakh Har Saevadhae Jin Dhhur Masathak Laekh Likhaahee ||	They alone serve the Lord, upon whose foreheads such pre-ordained destiny is written.	(ਪਿਛਲੇ ਕੀਤੇ ਕੰਮਾਂ ਅਨੁਸਾਰ) ਮੁੱਢ ਤੋਂ ਜਿਨ੍ਹਾਂ ਦੇ ਮੱਥੇ ਤੇ (ਸੰਸਕਾਰ-ਰੂਪ) ਲੇਖ ਉੱਕਰਿਆ ਹੋਇਆ ਹੈ, ਉਹ ਮਨੁੱਖ ਹਰੀ ਨੂੰ ਜਪਦੇ ਹਨ।

28205	649	ਹਰਿ ਕੇ ਗੁਣ ਨਿਤ ਗਾਵਦੇ ਹਰਿ ਗੁਣ ਗਾਇ ਗੁਣੀ ਸਮਝਾਹੀ॥		Har Kae Gun Nith Gaavadhae Har Gun Gaae Gunee Samajhaahee ||	They continually sing the Glorious Praises of the Lord, and singing the Glories of the Glorious Lord, they are uplifted.	ਉਹ ਸਦਾ ਹਰੀ ਦੇ ਗੁਣ ਗਾਉਂਦੇ ਹਨ, ਗੁਣ ਗਾ ਕੇ ਗੁਣਾਂ ਦੇ ਮਾਲਕ ਹਰੀ ਦੀ (ਹੋਰਨਾਂ ਨੂੰ) ਸਿੱਖਿਆ ਦੇਂਦੇ ਹਨ।
28206	649	ਵਡਿਆਈ ਵਡੀ ਗੁਰਮੁਖਾ ਗੁਰ ਪੂਰੈ ਹਰਿ ਨਾਮਿ ਸਮਾਹੀ॥੧੭॥		Vaddiaaee Vaddee Guramukhaa Gur Poorai Har Naam Samaahee ||17||	Great is the greatness of the Gurmukhs, who, through the Perfect Guru, remain absorbed in the Lord's Name. ||17||	ਗੁਰਮੁਖਾਂ ਵਿਚ ਇਹ ਵੱਡਾ ਗੁਣ ਹੈ ਕਿ ਪੂਰੇ ਸਤਿਗੁਰੂ ਦੀ ਰਾਹੀਂ ਹਰੀ ਦੇ ਨਾਮ ਵਿਚ ਲੀਨ ਹੁੰਦੇ ਹਨ ॥੧੭॥
28207	649	ਸਲੋਕੁ ਮਃ ੩॥		Salok Ma 3 ||	Shalok, Third Mehl:	
28208	649	ਸਤਿਗੁਰ ਕੀ ਸੇਵਾ ਗਾਖੜੀ ਸਿਰੁ ਦੀਜੈ ਆਪੁ ਗਵਾਇ॥		Sathigur Kee Saevaa Gaakharree Sir Dheejai Aap Gavaae ||	It is very difficult to serve the True Guru; offer your head, and eradicate self-conceit.	ਸਤਿਗੁਰੂ ਦੇ ਹੁਕਮ ਵਿਚ ਤੁਰਨਾ ਬੜੀ ਔਖੀ ਕਾਰ ਹੈ, ਸਿਰ ਦੇਣਾ ਪੈਂਦਾ ਹੈ, ਤੇ ਆਪਾ ਗਵਾ ਕੇ (ਸੇਵਾ ਹੁੰਦੀ ਹੈ)।
28209	649	ਸਬਦਿ ਮਰਹਿ ਫਿਰਿ ਨਾ ਮਰਹਿ ਤਾ ਸੇਵਾ ਪਵੈ ਸਭ ਥਾਇ॥		Sabadh Marehi Fir Naa Marehi Thaa Saevaa Pavai Sabh Thhaae ||	One who dies in the Word of the Shabad shall never have to die again; his service is totally approved.	ਜੋ ਮਨੁੱਖ ਸਤਿਗੁਰੂ ਦੀ ਸਿੱਖਿਆ ਦੁਆਰਾ (ਸੰਸਾਰ ਵਲੋਂ) ਮਰਦੇ ਹਨ, ਉਹ ਫਿਰ ਜਨਮ ਮਰਨ ਵਿਚ ਨਹੀਂ ਰਹਿੰਦੇ, ਉਹਨਾਂ ਦੀ ਸਾਰੀ ਸੇਵਾ ਕਬੂਲ ਪੈ ਜਾਂਦੀ ਹੈ।

28210	649	ਪਾਰਸ ਪਰਸਿਐ ਪਾਰਸੁ ਹੋਵੈ ਸਚਿ ਰਹੈ ਲਿਵ ਲਾਇ॥		Paaras Parasiai Paaras Hovai Sach Rehai Liv Laae ||	Touching the philosopher's stone, one becomes the philosopher's stone, which transforms lead into gold; remain lovingly attached to the True Lord.	ਜੋ ਮਨੁੱਖ ਸੱਚੇ ਨਾਮ ਵਿਚ ਬ੍ਰਿਤੀ ਜੋੜੀ ਰੱਖਦਾ ਹੈ ਉਹ (ਮਾਨੋ) ਪਾਰਸ ਨੂੰ ਛੋਹ ਕੇ ਪਾਰਸ ਹੀ ਹੋ ਜਾਂਦਾ ਹੈ।
28211	649	ਜਿਸੁ ਪੂਰਬਿ ਹੋਵੈ ਲਿਖਿਆ ਤਿਸੁ ਸਤਿਗੁਰੁ ਮਿਲੈ ਪ੍ਰਭੁ ਆਇ॥		Jis Poorab Hovai Likhiaa This Sathigur Milai Prabh Aae ||	One who has such pre-ordained destiny, comes to meet the True Guru and God.	ਜਿਸ ਦੇ ਹਿਰਦੇ ਵਿਚ ਮੁੱਢ ਤੋਂ (ਸੰਸਕਾਰ-ਰੂਪ) ਲੇਖ ਉੱਕਰਿਆ ਹੋਵੇ, ਉਸ ਨੂੰ ਸਤਿਗੁਰੂ ਤੇ ਪ੍ਰਭੂ ਮਿਲਦਾ ਹੈ।
28212	649	ਨਾਨਕ ਗਣਤੈ ਸੇਵਕੁ ਨਾ ਮਿਲੈ ਜਿਸੁ ਬਖਸੇ ਸੋ ਪਵੈ ਥਾਇ॥੧॥		Naanak Ganathai Saevak Naa Milai Jis Bakhasae So Pavai Thhaae ||1||	O Nanak, the Lord's servant does not meet Him because of his own account; he alone is acceptable, whom the Lord forgives. ||1||	ਹੇ ਨਾਨਕ! ਲੇਖੈ ਕੀਤਿਆਂ ਸੇਵਕ (ਹਰੀ ਨੂੰ) ਨਹੀਂ ਮਿਲ ਸਕਦਾ, ਜਿਸ ਨੂੰ ਹਰੀ ਬਖ਼ਸ਼ਦਾ ਹੈ, ਉਹੀ ਕਬੂਲ ਪੈਂਦਾ ਹੈ ॥੧॥
28213	649	ਮਃ ੩॥		Ma 3 ||	Third Mehl:	
28214	649	ਮਹਲੁ ਕੁਮਹਲੁ ਨ ਜਾਣਨੀ ਮੂਰਖ ਅਪਣੈ ਸੁਆਇ॥	ਕੁ-ਮਹਲੁ	Mehal Kumehal N Jaananee Moorakh Apanai Suaae ||	The fools do not know the difference between good and bad; they are deceived by their self-interests.	ਮੂਰਖ ਆਪਣੀ ਗ਼ਰਜ਼ ਦੇ ਕਾਰਨ ਥਾਂ ਕੁਥਾਂ ਨਹੀਂ ਜਾਣਦੇ, (ਕਿ ਕਿੱਥੇ ਗ਼ਰਜ਼ ਪੂਰੀ ਹੋ ਸਕਦੀ ਹੈ)।

28215	649	ਸਬਦੁ ਚੀਨਹਿ ਤਾ ਮਹਲੁ ਲਹਹਿ ਜੋਤੀ ਜੋਤਿ ਸਮਾਇ॥		Sabadh Cheenehi Thaa Mehal Lehehi Jothee Joth Samaae ||	But if they contemplate the Word of the Shabad, they obtain the Mansion of the Lord's Presence, and their light merges in the Light.	ਜੇ ਸਤਿਗੁਰੂ ਦੇ ਸ਼ਬਦ ਨੂੰ ਖੋਜਣ ਤਾਂ ਹਰੀ ਦੀ ਜੋਤਿ ਵਿਚ ਬ੍ਰਿਤੀ ਜੋੜ ਕੇ (ਹਰੀ ਦੀ ਹਜ਼ੂਰੀ-ਰੂਪ ਅਸਲ) ਟਿਕਾਣਾ ਲੱਭ ਲੈਣ।
28216	649	ਸਦਾ ਸਚੇ ਕਾ ਭਉ ਮਨਿ ਵਸੈ ਤਾ ਸਭਾ ਸੋਝੀ ਪਾਇ॥	ਸੱਭਾ ਸਾਰੀ	Sadhaa Sachae Kaa Bho Man Vasai Thaa Sabhaa Sojhee Paae ||	The Fear of God is always on their minds, and so they come to understand everything.	ਜੇ ਸੱਚੇ ਹਰੀ ਦਾ ਡਰ (ਭਾਵ, ਅਦਬ) ਸਦਾ ਮਨ ਵਿਚ ਟਿਕਿਆ ਰਹੇ, ਤਾਂ ਇਹ ਸਾਰੀ ਸਮਝ ਪੈ ਜਾਂਦੀ ਹੈ,
28217	649	ਸਤਿਗੁਰੁ ਅਪਣੈ ਘਰਿ ਵਰਤਦਾ ਆਪੇ ਲਏ ਮਿਲਾਇ॥		Sathigur Apanai Ghar Varathadhaa Aapae Leae Milaae ||	The True Guru is pervading the homes within; He Himself blends them with the Lord.	ਕਿ ਸਤਿਗੁਰੂ, ਜੋ ਸਦਾ ਆਪਣੇ ਸਰੂਪ ਵਿਚ ਟਿਕਿਆ ਰਹਿੰਦਾ ਹੈ, ਆਪ ਹੀ ਸੇਵਕ ਨੂੰ ਮਿਲਾ ਲੈਂਦਾ ਹੈ।
28218	649	ਨਾਨਕ ਸਤਿਗੁਰਿ ਮਿਲਿਐ ਸਭ ਪੂਰੀ ਪਈ ਜਿਸ ਨੋ ਕਿਰਪਾ ਕਰੇ ਰਜਾਇ॥੨॥		Naanak Sathigur Miliai Sabh Pooree Pee Jis No Kirapaa Karae Rajaae ||2||	O Nanak, they meet the True Guru, and all their desires are fulfilled, if the Lord grants His Grace and so wills. ||2||	ਹੇ ਨਾਨਕ! ਜਿਸ ਮਨੁੱਖ ਤੇ ਆਪਣੀ ਰਜ਼ਾ ਵਿਚ ਪ੍ਰਭੂ ਮੇਹਰ ਕਰੇ, ਉਸ ਨੂੰ ਸਤਿਗੁਰੂ ਮਿਲਿਆਂ ਪੂਰਨ ਸਫਲਤਾ ਹੁੰਦੀ ਹੈ ॥੨॥
28219	649	ਪਉੜੀ॥		Pourree ||	Pauree:	

28220	649	ਧੰਨੁ ਧਨੁ ਭਾਗ ਤਿਨਾ ਭਗਤ ਜਨਾ ਜੋ ਹਰਿ ਨਾਮਾ ਹਰਿ ਮੁਖਿ ਕਹਤਿਆ॥		Dhhann Dhhan Bhaag Thinaa Bhagath Janaa Jo Har Naamaa Har Mukh Kehathiaa ||	Blessed, blessed is the good fortune of those devotees, who, with their mouths, utter the Name of the Lord.	ਉਹਨਾਂ ਭਗਤਾਂ ਦੇ ਵੱਡੇ ਭਾਗ ਹਨ, ਜੋ ਮੂੰਹੋਂ ਹਰੀ ਦਾ ਨਾਮ ਉਚਾਰਦੇ ਹਨ।
28221	649	ਧਨੁ ਧਨੁ ਭਾਗ ਤਿਨਾ ਸੰਤ ਜਨਾ ਜੋ ਹਰਿ ਜਸੁ ਸ੍ਰਵਣੀ ਸੁਣਤਿਆ॥		Dhhan Dhhan Bhaag Thinaa Santh Janaa Jo Har Jas Sravanee Sunathiaa ||	Blessed, blessed is the good fortune of those Saints, who, with their ears, listen to the Lord's Praises.	ਉਹਨਾਂ ਸੰਤਾਂ ਦੇ ਵੱਡੇ ਭਾਗ ਹਨ, ਜੋ ਹਰੀ ਦਾ ਜਸ ਕੰਨੀਂ ਸੁਣਦੇ ਹਨ।
28222	649	ਧਨੁ ਧਨੁ ਭਾਗ ਤਿਨਾ ਸਾਧ ਜਨਾ ਹਰਿ ਕੀਰਤਨੁ ਗਾਇ ਗੁਣੀ ਜਨ ਬਣਤਿਆ॥		Dhhan Dhhan Bhaag Thinaa Saadhh Janaa Har Keerathan Gaae Gunee Jan Banathiaa ||	Blessed, blessed is the good fortune of those holy people, who sing the Kirtan of the Lord's Praises, and so become virtuous.	ਉਹਨਾਂ ਸਾਧ ਜਨਾਂ ਦੇ ਧੰਨ ਭਾਗ ਹਨ, ਜੋ ਹਰੀ ਦਾ ਕੀਰਤਨ ਕਰ ਕੇ ਆਪ ਗੁਣਾਂ ਵਾਲੇ ਬਣਦੇ ਹਨ।
28223	649	ਧਨੁ ਧਨੁ ਭਾਗ ਤਿਨਾ ਗੁਰਮੁਖਾ ਜੋ ਗੁਰਸਿਖ ਲੈ ਮਨੁ ਜਿਣਤਿਆ॥		Dhhan Dhhan Bhaag Thinaa Guramukhaa Jo Gurasikh Lai Man Jinathiaa ||	Blessed, blessed is the good fortune of those Gurmukhs, who live as Gursikhs, and conquer their minds.	ਉਹਨਾਂ ਗੁਰਮੁਖਾਂ ਦੇ ਵੱਡੇ ਭਾਗ ਹਨ ਜੋ ਸਤਿਗੁਰੂ ਦੀ ਸਿੱਖਿਆ ਲੈ ਕੇ ਆਪਣੇ ਮਨ ਨੂੰ ਜਿੱਤਦੇ ਹਨ।

28224	649	ਸਭ ਦੂ ਵਡੇਭਾਗ ਗੁਰਸਿਖਾ ਕੇ ਜੋ ਗੁਰ ਚਰਣੀ ਸਿਖ ਪੜਤਿਆ॥੧੮॥	(ਪੜਤਿਆ) ਪੈਂਦੇ ਹਨ, ਬ੍ਰਹਮਵਿਦਿਆ ਪੜ੍ਹਦੇ ਹਨ	Sabh Dhoo Vaddae Bhaag Gurasikhaa Kae Jo Gur Charanee Sikh Parrathiaa ||18||	But the greatest good fortune of all, is that of the Guru's Sikhs, who fall at the Guru's feet. ||18||	ਸਭ ਤੋਂ ਵੱਡੇ ਭਾਗ ਉਹਨਾਂ ਗੁਰਸਿੱਖਾਂ ਦੇ ਹਨ, ਜੋ ਸਤਿਗੁਰੂ ਦੀ ਚਰਨੀਂ ਪੈਂਦੇ ਹਨ (ਭਾਵ, ਜੋ ਆਪਾ ਮਿਟਾ ਕੇ ਗੁਰੂ ਦੀ ਓਟ ਲੈਂਦੇ ਹਨ) ॥੧੮॥
28225	649	ਸਲੋਕੁ ਮਃ ੩॥		Salok Ma 3 ||	Shalok, Third Mehl:	
28226	649	ਬ੍ਰਹਮੁ ਬਿੰਦੈ ਤਿਸ ਦਾ ਬ੍ਰਹਮਤੁ ਰਹੈ ਏਕ ਸਬਦਿ ਲਿਵ ਲਾਇ॥	(ਬਿੰਦੈ) ਜਾਣੇ। ਬ੍ਰਹਮੱਤੁ	Breham Bindhai This Dhaa Brehamath Rehai Eaek Sabadh Liv Laae ||	One who knows God, and who lovingly focuses his attention on the One Word of the Shabad, keeps his spirituality intact.	ਜੋ ਮਨੁੱਖ ਕੇਵਲ ਗੁਰ-ਸ਼ਬਦ ਵਿਚ ਬ੍ਰਿਤੀ ਜੋੜ ਕੇ ਬ੍ਰਹਮ ਨੂੰ ਪਛਾਣੇ, ਉਸ ਦਾ ਬ੍ਰਹਮਣ-ਪੁਣਾ ਬਣਿਆ ਰਹਿੰਦਾ ਹੈ;
28227	649	ਨਵ ਨਿਧੀ ਅਠਾਰਹ ਸਿਧੀ ਪਿਛੈ ਲਗੀਆ ਫਿਰਹਿ ਜੋ ਹਰਿ ਹਿਰਦੈ ਸਦਾ ਵਸਾਇ॥		Nav Nidhhee Athaareh Sidhhee Pishhai Lageeaa Firehi Jo Har Hiradhai Sadhaa Vasaae ||	The nine treasures and the eighteen spiritual powers of the Siddhas follow him, who keeps the Lord enshrined in his heart.	ਜੋ ਮਨੁੱਖ ਹਰੀ ਨੂੰ ਹਿਰਦੇ ਵਿਚ ਵਸਾਏ, ਨੌ ਨਿਧੀਆਂ ਤੇ ਅਠਾਰਹ ਸਿੱਧੀਆਂ ਉਸ ਦੇ ਮਗਰ ਲੱਗੀਆਂ ਫਿਰਦੀਆਂ ਹਨ।
28228	649	ਬਿਨੁ ਸਤਿਗੁਰ ਨਾਉ ਨ ਪਾਈਐ ਬੁਝਹੁ ਕਰਿ ਵੀਚਾਰੁ॥	ਬੁੱਝਹੁ	Bin Sathigur Naao N Paaeeai Bujhahu Kar Veechaar ||	Without the True Guru, the Name is not found; understand this, and reflect upon it.	ਵਿਚਾਰ ਕਰ ਕੇ ਸਮਝੋ, ਸਤਿਗੁਰੂ ਤੋਂ ਬਿਨਾ ਨਾਮ ਨਹੀਂ ਮਿਲਦਾ,

28229	649	ਨਾਨਕ ਪੂਰੈ ਭਾਗਿ ਸਤਿਗੁਰੁ ਮਿਲੈ ਸੁਖੁ ਪਾਏ ਜੁਗ ਚਾਰਿ॥੧॥		Naanak Poorai Bhaag Sathigur Milai Sukh Paaeae Jug Chaar ||1||	O Nanak, through perfect good destiny, one meets the True Guru, and finds peace, throughout the four ages. ||1||	ਹੇ ਨਾਨਕ! ਪੂਰੇ ਭਾਗਾਂ ਨਾਲ ਜਿਸ ਨੂੰ ਸਤਿਗੁਰੂ ਮਿਲੇ ਉਹ ਚਹੁੰਆਂ ਜੁਗਾਂ ਵਿਚ (ਭਾਵ, ਸਦਾ) ਸੁਖ ਪਾਂਦਾ ਹੈ ॥੧॥
28230	649	ਮਃ ੩॥		Ma 3 ||	Third Mehl:	
28231	649	ਕਿਆ ਗਭਰੂ ਕਿਆ ਬਿਰਧਿ ਹੈ ਮਨਮੁਖ ਤ੍ਰਿਸਨਾ ਭੁਖ ਨ ਜਾਇ॥		Kiaa Gabharoo Kiaa Biradhh Hai Manamukh Thrisanaa Bhukh N Jaae ||	Whether he is young or old, the self-willed manmukh cannot escape hunger and thirst.	ਜਵਾਨ ਹੋਵੇ ਭਾਵੇਂ ਬੁੱਢਾ- ਮਨਮੁਖ ਦੀ ਤ੍ਰਿਸ਼ਨਾ ਭੁੱਖ ਦੂਰ ਨਹੀਂ ਹੁੰਦੀ,
28232	649	ਗੁਰਮੁਖਿ ਸਬਦੇ ਰਤਿਆ ਸੀਤਲੁ ਹੋਏ ਆਪੁ ਗਵਾਇ॥		Guramukh Sabadhae Rathiaa Seethal Hoeae Aap Gavaae ||	The Gurmukhs are imbued with the Word of the Shabad; they are at peace, having lost their self-conceit.	ਸਤਿਗੁਰੂ ਦੇ ਸਨਮੁਖ ਹੋਏ ਮਨੁੱਖ ਸ਼ਬਦ ਵਿਚ ਰੱਤੇ ਹੋਣ ਕਰ ਕੇ ਤੇ ਅਹੰਕਾਰ ਗਵਾ ਕੇ ਅੰਦਰੋਂ ਸੰਤੋਖੀ ਹੁੰਦੇ ਹਨ।
28233	649	ਅੰਦਰੁ ਤ੍ਰਿਪਤਿ ਸੰਤੋਖਿਆ ਫਿਰਿ ਭੁਖ ਨ ਲਗੈ ਆਇ॥		Andhar Thripath Santhokhiaa Fir Bhukh N Lagai Aae ||	They are satisfied and satiated within; they never feel hungry again.	(ਉਹਨਾਂ ਦਾ) ਹਿਰਦਾ ਤ੍ਰਿਪਤੀ ਦੇ ਕਾਰਨ ਸੰਤੋਖੀ ਹੁੰਦਾ ਹੈ, ਤੇ ਫਿਰ (ਉਹਨਾਂ ਨੂੰ ਮਾਇਆ ਦੀ) ਭੁੱਖ ਨਹੀਂ ਲੱਗਦੀ।

28234	650	ਨਾਨਕ ਜਿ ਗੁਰਮੁਖਿ ਕਰਹਿ ਸੋ ਪਰਵਾਣੁ ਹੈ ਜੋ ਨਾਮਿ ਰਹੇ ਲਿਵ ਲਾਇ॥੨॥		Naanak J Guramukh Karehi So Paravaan Hai Jo Naam Rehae Liv Laae ||2||	O Nanak, whatever the Gurmukhs do is acceptable; they remain lovingly absorbed in the Naam, the Name of the Lord. ||2||	ਹੇ ਨਾਨਕ! ਗੁਰਮੁਖ ਮਨੁੱਖ ਜੋ ਕੁਝ ਕਰਦੇ ਹਨ, ਉਹ ਕਬੂਲ ਹੁੰਦਾ ਹੈ, ਕਿਉਂਕਿ ਉਹ ਨਾਮ ਵਿਚ ਬ੍ਰਿਤੀ ਜੋੜੀ ਰੱਖਦੇ ਹਨ ॥੨॥
28235	650	ਪਉੜੀ॥		Pourree ||	Pauree:	
28236	650	ਹਉ ਬਲਿਹਾਰੀ ਤਿੰਨ ਕੰਉ ਜੋ ਗੁਰਮੁਖਿ ਸਿਖਾ॥	ਸਿੱਖਾ	Ho Balihaaree Thinn Kano Jo Guramukh Sikhaa ||	I am a sacrifice to those Sikhs who are Gurmukhs.	ਜੋ ਸਿੱਖ ਸਤਿਗੁਰੂ ਦੇ ਸਨਮੁਖ ਹਨ, ਮੈਂ ਉਹਨਾਂ ਤੋਂ ਸਦਕੇ ਹਾਂ।
28237	650	ਜੋ ਹਰਿ ਨਾਮੁ ਧਿਆਇਦੇ ਤਿਨ ਦਰਸਨੁ ਪਿਖਾ॥	ਪਿਖਾਂ:ਪੋਲਾ ਬੋਲੋ	Jo Har Naam Dhhiaaeidhae Thin Dharasan Pikhaa ||	I behold the Blessed Vision, the Darshan of those who meditate on the Lord's Name.	ਜੋ ਹਰੀ-ਨਾਮ ਸਿਮਰਦੇ ਹਨ (ਜੀ ਚਾਹੁੰਦਾ ਹੈ) ਮੈਂ ਉਹਨਾਂ ਦਾ ਦਰਸ਼ਨ ਕਰਾਂ,
28238	650	ਸੁਣਿ ਕੀਰਤਨੁ ਹਰਿ ਗੁਣ ਰਵਾ ਹਰਿ ਜਸੁ ਮਨਿ ਲਿਖਾ॥	ਰਵਾਂ। ਲਿਖਾਂ:ਪੋਲਾ ਬੋਲੋ	Sun Keerathan Har Gun Ravaa Har Jas Man Likhaa ||	Listening to the Kirtan of the Lord's Praises, I contemplate His virtues; I write His Praises on the fabric of my mind.	(ਉਹਨਾਂ ਪਾਸੋਂ) ਕੀਰਤਨ ਸੁਣ ਕੇ ਹਰੀ ਦੇ ਗੁਣ ਗਾਵਾਂ ਤੇ ਹਰੀ-ਜਸ ਮਨ ਵਿਚ ਉੱਕਰ ਲਵਾਂ,

28239	650	ਹਰਿ ਨਾਮੁ ਸਲਾਹੀ ਰੰਗ ਸਿਉ ਸਭਿ ਕਿਲਵਿਖ ਕ੍ਰਿਖਾ॥	(ਕ੍ਰਿੱਖਾ) ਨਾਸ	Har Naam Salaahee Rang Sio Sabh Kilavikh Kirakhaa ||	I praise the Lord's Name with love, and eradicate all my sins.	ਪ੍ਰੇਮ ਨਾਲ ਹਰੀ-ਨਾਮ ਦੀ ਸਿਫ਼ਤਿ ਕਰਾਂ ਤੇ (ਆਪਣੇ) ਸਾਰੇ ਪਾਪ ਕੱਟ ਦਿਆਂ।
28240	650	ਧਨੁ ਧੰਨੁ ਸੁਹਾਵਾ ਸੋ ਸਰੀਰੁ ਥਾਨੁ ਹੈ ਜਿਥੈ ਮੇਰਾ ਗੁਰੁ ਧਰੇ ਵਿਖਾ॥੧੯॥	(ਵਿੱਖਾ)ਚਰਨ	Dhhan Dhhann Suhaavaa So Sareer Thhaan Hai Jithhai Maeraa Gur Dhharae Vikhaa ||19||	Blessed, blessed and beauteous is that body and place, where my Guru places His feet. ||19||	ਉਹ ਸਰੀਰ-ਥਾਂ ਧੰਨ ਹੈ, ਸੁੰਦਰ ਹੈ ਜਿਥੇ ਪਿਆਰਾ ਸਤਿਗੁਰੂ ਪੈਰ ਰੱਖਦਾ ਹੈ (ਭਾਵ, ਆ ਵੱਸਦਾ ਹੈ) ॥੧੯॥
28241	650	ਸਲੋਕੁ ਮਃ ੩॥		Salok Ma 3 ||	Shalok, Third Mehl:	
28242	650	ਗੁਰ ਬਿਨੁ ਗਿਆਨੁ ਨ ਹੋਵਈ ਨਾ ਸੁਖੁ ਵਸੈ ਮਨਿ ਆਇ॥		Gur Bin Giaan N Hovee Naa Sukh Vasai Man Aae ||	Without the Guru, spiritual wisdom is not obtained, and peace does not come to abide in the mind.	ਸਤਿਗੁਰੂ ਤੋਂ ਬਿਨਾ ਨਾਹ ਆਤਮਕ ਜੀਵਨ ਦੀ ਸਮਝ ਪੈਂਦੀ ਹੈ ਤੇ ਨਾਹ ਹੀ ਸੁਖ ਮਨ ਵਿਚ ਵੱਸਦਾ ਹੈ;
28243	650	ਨਾਨਕ ਨਾਮ ਵਿਹੂਣੇ ਮਨਮੁਖੀ ਜਾਸਨਿ ਜਨਮੁ ਗਵਾਇ॥੧॥		Naanak Naam Vihoonae Manamukhee Jaasan Janam Gavaae ||1||	O Nanak, without the Naam, the Name of the Lord, the self-willed manmukhs depart, after having wasted their lives. ||1||	(ਗੁਰੂ ਤੋਂ ਬਿਨਾ) ਹੇ ਨਾਨਕ! ਨਾਮ ਤੋਂ ਸੱਖਣੇ (ਰਹਿ ਕੇ) ਮਨਮੁਖ ਮਨੁੱਖਾ-ਜਨਮ ਵਿਅਰਥ ਗਵਾ ਜਾਣਗੇ ॥੧॥
28244	650	ਮਃ ੩॥		Ma 3 ||	Third Mehl:	

28245	650	ਸਿਧ ਸਾਧਿਕ ਨਾਵੈ ਨੋ ਸਭਿ ਖੋਜਦੇ ਥਕਿ ਰਹੇ ਲਿਵ ਲਾਇ॥		Sidhh Saadhhik Naavai No Sabh Khojadhae Thhak Rehae Liv Laae ||	All the Siddhas, spiritual masters and seekers search for the Name; they have grown weary of concentrating and focusing their attention.	ਸਾਰੇ ਸਿੱਧ ਤੇ ਸਾਧਿਕ ਨਾਮ ਨੂੰ ਹੀ ਖੋਜਦੇ ਬ੍ਰਿਤੀ ਜੋੜ ਜੋੜ ਕੇ ਥੱਕ ਗਏ ਹਨ;
28246	650	ਬਿਨੁ ਸਤਿਗੁਰ ਕਿਨੈ ਨ ਪਾਇਓ ਗੁਰਮੁਖਿ ਮਿਲੈ ਮਿਲਾਇ॥		Bin Sathigur Kinai N Paaeiou Guramukh Milai Milaae ||	Without the True Guru, no one finds the Name; the Gurmukhs unite in Union with the Lord.	ਸਤਿਗੁਰੂ ਤੋਂ ਬਿਨਾ ਕਿਸੇ ਨੂੰ ਨਹੀਂ ਲੱਭਾ। ਸਤਿਗੁਰੂ ਦੇ ਸਨਮੁਖ ਹੋਇਆ ਮਨੁੱਖ ਹੀ ਮਿਲਾਇਆ ਹੋਇਆ (ਪ੍ਰਭੂ ਨੂੰ) ਮਿਲਦਾ ਹੈ।
28247	650	ਬਿਨੁ ਨਾਵੈ ਪੈਨਣੁ ਖਾਣੁ ਸਭੁ ਬਾਦਿ ਹੈ ਧਿਗੁ ਸਿਧੀ ਧਿਗੁ ਕਰਮਾਤਿ॥		Bin Naavai Painan Khaan Sabh Baadh Hai Dhhig Sidhhee Dhhig Karamaath ||	Without the Name, all food and clothes are worthless; cursed is such spirituality, and cursed are such miraculous powers.	ਨਾਮ ਤੋਂ ਬਿਨਾ ਖਾਣਾ ਤੇ ਪਹਿਨਣਾ ਸਭ ਵਿਅਰਥ ਹੈ, (ਜੇ ਨਾਮ ਨਹੀਂ ਤਾਂ) ਉਹ ਸਿੱਧੀ ਤੇ ਕਰਾਮਾਤਿ ਫਿਟਕਾਰ-ਜੋਗ ਹੈ।
28248	650	ਸਾ ਸਿਧਿ ਸਾ ਕਰਮਾਤਿ ਹੈ ਅਚਿੰਤੁ ਕਰੇ ਜਿਸੁ ਦਾਤਿ॥		Saa Sidhh Saa Karamaath Hai Achinth Karae Jis Dhaath ||	That alone is spirituality, and that alone is miraculous power, which the Carefree Lord spontaneously bestows.	ਇਹੀ (ਉਸ ਦੀ) ਸਿੱਧੀ ਹੈ ਤੇ ਇਹੀ ਕਰਾਮਾਤ ਹੈ ਕਿ ਚਿੰਤਾ ਤੋਂ ਰਹਿਤ ਹਰੀ ਉਸ ਨੂੰ (ਨਾਮ ਦੀ) ਦਾਤਿ ਬਖ਼ਸ਼ੇ।

28249	650	ਨਾਨਕ ਗੁਰਮੁਖਿ ਹਰਿ ਨਾਮੁ ਮਨਿ ਵਸੈ ਏਹਾ ਸਿਧਿ ਏਹਾ ਕਰਮਾਤਿ॥੨॥		Naanak Guramukh Har Naam Man Vasai Eaehaa Sidhh Eaehaa Karamaath ||2||	O Nanak, the Lord's Name abides in the mind of the Gurmukh; this is spirituality, and this is miraculous power. ||2||	ਹੇ ਨਾਨਕ! "ਗੁਰੂ ਦੇ ਸਨਮੁਖ ਹੋ ਕੇ ਹਰੀ ਦਾ ਨਾਮ ਮਨ ਵਿਚ ਵੱਸਦਾ ਹੈ"-ਇਹੀ ਸਿੱਧੀ ਤੇ ਕਰਾਮਾਤ ਹੁੰਦੀ ਹੈ ॥੨॥
28250	650	ਪਉੜੀ॥		Pourree ||	Pauree:	
28251	650	ਹਮ ਢਾਢੀ ਹਰਿ ਪ੍ਰਭ ਖਸਮ ਕੇ ਨਿਤ ਗਾਵਹ ਹਰਿ ਗੁਣ ਛੰਤਾ॥		Ham Dtaadtee Har Prabh Khasam Kae Nith Gaaveh Har Gun Shhanthaa ||	I am a minstrel of God, my Lord and Master; every day, I sing the songs of the Lord's Glorious Praises.	ਅਸੀਂ ਪ੍ਰਭੂ-ਖਸਮ ਦੇ ਢਾਢੀ ਸਦਾ ਪ੍ਰਭੂ ਦੇ ਗੁਣਾਂ ਦੇ ਗੀਤ ਗਾਂਦੇ ਹਾਂ।
28252	650	ਹਰਿ ਕੀਰਤਨੁ ਕਰਹ ਹਰਿ ਜਸੁ ਸੁਣਹ ਤਿਸੁ ਕਵਲਾ ਕੰਤਾ॥	(ਕਵਲਾ) ਮਾਇਆ ਦੇ (ਕੰਤਾ) ਪਤੀ ਵਾਹਿਗੁਰੂ ਜੀ	Har Keerathan Kareh Har Jas Suneh This Kavalaa Kanthaa ||	I sing the Kirtan of the Lord's Praises, and I listen to the Praises of the Lord, the Master of wealth and Maya.	ਉਸ ਕਮਲਾਪਤੀ ਪ੍ਰਭੂ ਦਾ ਹੀ ਕੀਰਤਨ ਕਰਦੇ ਹਾਂ ਤੇ ਜਸ ਸੁਣਦੇ ਹਾਂ।
28253	650	ਹਰਿ ਦਾਤਾ ਸਭੁ ਜਗਤੁ ਭਿਖਾਰੀਆ ਮੰਗਤ ਜਨ ਜੰਤਾ॥	ਜੱਗਤੁ	Har Dhaathaa Sabh Jagath Bhikhaareeaa Mangath Jan Janthaa ||	The Lord is the Great Giver; all the world is begging; all beings and creatures are beggars.	ਪ੍ਰਭੂ ਦਾਤਾ ਹੈ, ਸਾਰਾ ਸੰਸਾਰ ਭਿਖਾਰੀ ਹੈ, ਜੀਵ ਜੰਤ ਮੰਗਤੇ ਹਨ।

28254	650	ਹਰਿ ਦੇਵਹੁ ਦਾਨੁ ਦਇਆਲ ਹੋਇ ਵਿਚਿ ਪਾਥਰ ਕ੍ਰਿਮ ਜੰਤਾ॥		Har Dhaevahu Dhaan Dhaeiaal Hoe Vich Paathhar Kiram Janthaa ||	O Lord, You are kind and compassionate; You give Your gifts to even worms and insects among the rocks.	ਪੱਥਰਾਂ ਵਿਚਲੇ ਕੀੜਿਆਂ ਨੂੰ ਭੀ ਦਿਆਲ ਹੋ ਕੇ, ਹੇ ਹਰੀ! ਤੂੰ ਦਾਨ ਦੇਂਦਾ ਹੈਂ।
28255	650	ਜਨ ਨਾਨਕ ਨਾਮੁ ਧਿਆਇਆ ਗੁਰਮੁਖਿ ਧਨਵੰਤਾ॥੨੦॥		Jan Naanak Naam Dhhiaaeiaa Guramukh Dhhanavanthaa ||20||	Servant Nanak meditates on the Naam, the Name of the Lord; as Gurmukh, he has become truly wealthy. ||20||	ਹੇ ਦਾਸ ਨਾਨਕ! ਜਿਨ੍ਹਾਂ ਨੇ ਸਤਿਗੁਰੂ ਦੇ ਸਨਮੁਖ ਹੋ ਕੇ ਨਾਮ ਸਿਮਰਿਆ ਹੈ, ਉਹ (ਅਸਲ) ਧਨੀ ਹੁੰਦੇ ਹਨ ॥੨੦॥
28256	650	ਸਲੋਕੁ ਮਃ ੩॥		Salok Ma 3 ||	Shalok, Third Mehl:	
28257	650	ਪੜਣਾ ਗੁੜਣਾ ਸੰਸਾਰ ਕੀ ਕਾਰ ਹੈ ਅੰਦਰਿ ਤ੍ਰਿਸਨਾ ਵਿਕਾਰੁ॥	ਪੜ੍ਹਣਾ	Parranaa Gurranaa Sansaar Kee Kaar Hai Andhar Thrisanaa Vikaar ||	Reading and studying are just worldly pursuits, if there is thirst and corruption within.	ਪੜ੍ਹਨਾ ਤੇ ਵਿਚਾਰਨਾ ਸੰਸਾਰ ਦਾ ਕੰਮ (ਹੀ ਹੋ ਗਿਆ) ਹੈ (ਭਾਵ, ਹੋਰ ਵਿਹਾਰਾਂ ਵਾਂਗ ਇਹ ਭੀ ਇਕ ਵਿਹਾਰ ਹੀ ਬਣ ਗਿਆ ਹੈ, ਪਰ) ਹਿਰਦੇ ਵਿਚ ਤ੍ਰਿਸ਼ਨਾ ਤੇ ਵਿਕਾਰ (ਟਿਕੇ ਹੀ ਰਹਿੰਦੇ) ਹਨ।
28258	650	ਹਉਮੈ ਵਿਚਿ ਸਭਿ ਪੜਿ ਥਕੇ ਦੂਜੈ ਭਾਇ ਖੁਆਰੁ॥	ਪੜ੍ਹਿ	Houmai Vich Sabh Parr Thhakae Dhoojai Bhaae Khuaar ||	Reading in egotism, all have grown weary; through the love of duality, they are ruined.	ਅਹੰਕਾਰ ਵਿਚ ਸਾਰੇ (ਪੰਡਿਤ) ਪੜ੍ਹ ਪੜ੍ਹ ਕੇ ਥੱਕ ਗਏ ਹਨ, ਮਾਇਆ ਦੇ ਮੋਹ ਵਿਚ ਖ਼ੁਆਰ ਹੀ ਹੁੰਦੇ ਹਨ।

28259	650	ਸੋ ਪੜਿਆ ਸੋ ਪੰਡਿਤੁ ਬੀਨਾ ਗੁਰ ਸਬਦਿ ਕਰੇ ਵੀਚਾਰੁ॥		So Parriaa So Panddith Beenaa Gur Sabadh Karae Veechaar ||	He alone is educated, and he alone is a wise Pandit, who contemplates the Word of the Guru's Shabad.	ਉਹ ਮਨੁੱਖ ਪੜ੍ਹਿਆ ਹੋਇਆ ਤੇ ਸਿਆਣਾ ਪੰਡਿਤ ਹੈ (ਭਾਵ, ਉਸ ਮਨੁੱਖ ਨੂੰ ਪੰਡਿਤ ਸਮਝੋ), ਜੋ ਸਤਿਗੁਰੂ ਦੇ ਸ਼ਬਦ ਵਿਚ ਵਿਚਾਰ ਕਰਦਾ ਹੈ,
28260	650	ਅੰਦਰੁ ਖੋਜੈ ਤਤੁ ਲਹੈ ਪਾਏ ਮੋਖ ਦੁਆਰੁ॥		Andhar Khojai Thath Lehai Paaeae Mokh Dhuaar ||	He searches within himself, and finds the true essence; he finds the Door of Salvation.	ਜੋ ਆਪਣੇ ਮਨ ਨੂੰ ਖੋਜਦਾ ਹੈ (ਅੰਦਰੋਂ) ਹਰੀ ਨੂੰ ਲੱਭ ਲੈਂਦਾ ਹੈ ਤੇ (ਤ੍ਰਿਸ਼ਨਾ ਤੋਂ) ਬਚਣ ਲਈ ਰਸਤਾ ਲਭ ਲੈਂਦਾ ਹੈ,
28261	650	ਗੁਣ ਨਿਧਾਨੁ ਹਰਿ ਪਾਇਆ ਸਹਜਿ ਕਰੇ ਵੀਚਾਰੁ॥		Gun Nidhhaan Har Paaeiaa Sehaj Karae Veechaar ||	He finds the Lord, the treasure of excellence, and peacefully contemplates Him.	ਜੋ ਗੁਣਾਂ ਦੇ ਖ਼ਜ਼ਾਨੇ ਹਰੀ ਨੂੰ ਪ੍ਰਾਪਤ ਕਰਦਾ ਹੈ ਤੇ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੇ ਗੁਣਾਂ ਵਿਚ ਸੁਰਤਿ ਜੋੜੀ ਰੱਖਦਾ ਹੈ।
28262	650	ਧੰਨੁ ਵਾਪਾਰੀ ਨਾਨਕਾ ਜਿਸੁ ਗੁਰਮੁਖਿ ਨਾਮੁ ਅਧਾਰੁ॥੧॥		Dhhann Vaapaaree Naanakaa Jis Guramukh Naam Adhhaar ||1||	Blessed is the trader, O Nanak, who, as Gurmukh, takes the Name as his only Support. ||1||	ਹੇ ਨਾਨਕ! ਇਸ ਤਰ੍ਹਾਂ ਸਤਿਗੁਰੂ ਦੇ ਸਨਮੁਖ ਹੋਏ ਜਿਸ ਮਨੁੱਖ ਨੂੰ 'ਨਾਮ' ਆਸਰਾ (ਰੂਪ) ਹੈ, ਉਸ ਨਾਮ ਦਾ ਵਾਪਾਰੀ ਮੁਬਾਰਿਕ ਹੈ ॥੧॥
28263	650	ਮਃ ੩॥		Ma 3 ||	Third Mehl:	
28264	650	ਵਿਣੁ ਮਨੁ ਮਾਰੇ ਕੋਇ ਨ ਸਿਝਈ ਵੇਖਹੁ ਕੋ ਲਿਵ ਲਾਇ॥		Vin Man Maarae Koe N Sijhee Vaekhahu Ko Liv Laae ||	Without conquering his mind, no one can be successful. See this, and concentrate on it.	ਤੁਸੀਂ ਕੋਈ ਭੀ ਮਨੁੱਖ ਬ੍ਰਿਤੀ ਜੋੜ ਕੇ ਵੇਖ ਲਵੋ, ਮਨ ਨੂੰ ਕਾਬੂ ਕਰਨ ਤੋਂ ਬਿਨਾਂ ਕੋਈ ਨਹੀਂ ਸਿੱਝਿਆ (ਭਾਵ, ਕਿਸੇ ਦੀ ਘਾਲਿ ਥਾਇ ਨਹੀਂ ਪਈ)।

28265	650	ਭੇਖਧਾਰੀ ਤੀਰਥੀ ਭਵਿ ਥਕੇ ਨਾ ਏਹੁ ਮਨੁ ਮਾਰਿਆ ਜਾਇ॥		Bhaekhadhhaaree Theerathhee Bhav Thhakae Naa Eaehu Man Maariaa Jaae ||	The wandering holy men are tired of of making pilgrimages to sacred shrines; they have not been able to conquer their minds.	ਭੇਖ ਕਰਨ ਵਾਲੇ (ਸਾਧੂ ਭੀ) ਤੀਰਥਾਂ ਦੀ ਯਾਤ੍ਰਾ ਕਰ ਕੇ ਰਹਿ ਗਏ ਹਨ, (ਇਸ ਤਰ੍ਹਾਂ) ਇਹ ਮਨ ਮਾਰਿਆ ਨਹੀਂ ਜਾਂਦਾ।
28266	650	ਗੁਰਮੁਖਿ ਏਹੁ ਮਨੁ ਜੀਵਤੁ ਮਰੈ ਸਚਿ ਰਹੈ ਲਿਵ ਲਾਇ॥		Guramukh Eaehu Man Jeevath Marai Sach Rehai Liv Laae ||	The Gurmukh has conquered his mind, and he remains lovingly absorbed in the True Lord.	ਸਤਿਗੁਰੂ ਦੇ ਸਨਮੁਖ ਹੋਇਆਂ ਮਨੁੱਖ ਸੱਚੇ ਹਰੀ ਵਿਚ ਬ੍ਰਿਤੀ ਜੋੜੀ ਰੱਖਦਾ ਹੈ (ਇਸ ਕਰਕੇ) ਉਸ ਦਾ ਮਨ ਜੀਉਂਦਾ ਹੀ ਮੋਇਆ ਹੋਇਆ ਹੈ (ਭਾਵ, ਮਾਇਆ ਵਿਚ ਵਰਤਦਿਆਂ ਭੀ ਮਾਇਆ ਤੋਂ ਉਦਾਸ ਹੈ)।
28267	650	ਨਾਨਕ ਇਸੁ ਮਨ ਕੀ ਮਲੁ ਇਉ ਉਤਰੈ ਹਉਮੈ ਸਬਦਿ ਜਲਾਇ॥੨॥		Naanak Eis Man Kee Mal Eio Outharai Houmai Sabadh Jalaae ||2||	O Nanak, this is how the filth of the mind is removed; the Word of the Shabad burns away the ego. ||2||	ਹੇ ਨਾਨਕ! ਇਸ ਮਨ ਦੀ ਮੈਲ ਇਸ ਤਰ੍ਹਾਂ ਉਤਰਦੀ ਹੈ ਕਿ (ਮਨ ਦੀ) ਹਉਮੈ (ਸਤਿਗੁਰੂ ਦੇ) ਸ਼ਬਦ ਨਾਲ ਸਾੜੀ ਜਾਏ ॥੨॥
28268	650	ਪਉੜੀ॥		Pourree ||	Pauree:	

28269	650	ਹਰਿ ਹਰਿ ਸੰਤ ਮਿਲਹੁ ਮੇਰੇ ਭਾਈ ਹਰਿ ਨਾਮੁ ਦ੍ਰਿੜਾਵਹੁ ਇਕ ਕਿਨਕਾ॥		Har Har Santh Milahu Maerae Bhaaee Har Naam Dhrirraavahu Eik Kinakaa ||	O Saints of the Lord, O my Siblings of Destiny, please meet with me, and implant the Name of the One Lord within me.	ਹੇ ਮੇਰੇ ਭਾਈ ਸੰਤ ਜਨੋਂ! ਇਕ ਕਿਣਕਾ ਮਾਤ੍ਰ (ਮੈਨੂੰ ਭੀ) ਹਰੀ ਦਾ ਨਾਮ ਜਪਾਵੋ।
28270	650	ਹਰਿ ਹਰਿ ਸੀਗਾਰੁ ਬਨਾਵਹੁ ਹਰਿ ਜਨ ਹਰਿ ਕਾਪੜੁ ਪਹਿਰਹੁ ਖਿਮ ਕਾ॥		Har Har Seegaar Banaavahu Har Jan Har Kaaparr Pehirahu Khim Kaa ||	O humble servants of the Lord, adorn me with the decorations of the Lord, Har, Har; let me wear the robes of the Lord's forgiveness.	ਹੇ ਹਰੀ ਜਨੋਂ! ਹਰੀ ਦੇ ਨਾਮ ਦਾ ਸਿੰਗਾਰ ਬਣਾਵੋ, ਤੇ ਖਿਮਾ ਦੀ ਪੁਸ਼ਾਕ ਪਹਿਨੋ।
28271	650	ਐਸਾ ਸੀਗਾਰੁ ਮੇਰੇ ਪ੍ਰਭ ਭਾਵੈ ਹਰਿ ਲਾਗੈ ਪਿਆਰਾ ਪ੍ਰਿਮ ਕਾ॥		Aisaa Seegaar Maerae Prabh Bhaavai Har Laagai Piaaraa Prim Kaa ||	Such decorations are pleasing to my God; such love is dear to the Lord.	ਇਹੋ ਜਿਹਾ ਸ਼ਿੰਗਾਰ ਪਿਆਰੇ ਹਰੀ ਨੂੰ ਚੰਗਾ ਲੱਗਦਾ ਹੈ, ਹਰੀ ਨੂੰ ਪ੍ਰੇਮ ਦਾ ਸ਼ਿੰਗਾਰ ਪਿਆਰਾ ਲੱਗਦਾ ਹੈ।

28272	650	ਹਰਿ ਹਰਿ ਨਾਮੁ ਬੋਲਹੁ ਦਿਨੁ ਰਾਤੀ ਸਭਿ ਕਿਲਬਿਖ ਕਾਟੈ ਇਕ ਪਲਕਾ॥		Har Har Naam Bolahu Dhin Raathee Sabh Kilabikh Kaattai Eik Palakaa ||	I chant the Name of the Lord, Har, Har, day and night; in an instant, all sins are eradicated.	ਦਿਨ ਰਾਤ ਹਰੀ ਦਾ ਨਾਮ ਸਿਮਰੋ, ਇਕ ਪਲਕ ਵਿਚ ਸਾਰੇ ਪਾਪ ਕੱਟ ਦੇਵੇਗਾ।
28273	650	ਹਰਿ ਹਰਿ ਦਇਆਲੁ ਹੋਵੈ ਜਿਸੁ ਉਪਰਿ ਸੋ ਗੁਰਮੁਖਿ ਹਰਿ ਜਪਿ ਜਿਣਕਾ॥੨੧॥	(ਜਿਣਕਾ) ਜਿੱਤ ਜਾਂਦਾ	Har Har Dhaeiaal Hovai Jis Oupar So Guramukh Har Jap Jinakaa ||21||	That Gurmukh, unto whom the Lord becomes merciful, chants the Lord's Name, and wins the game of life. ||21||	ਜਿਸ ਗੁਰਮੁਖ ਉਤੇ ਹਰੀ ਦਇਆਲ ਹੁੰਦਾ ਹੈ, ਉਹ ਹਰੀ ਦਾ ਸਿਮਰਨ ਕਰ ਕੇ (ਸੰਸਾਰ ਤੋਂ) ਜਿੱਤ (ਕੇ) ਜਾਂਦਾ ਹੈ ॥੨੧॥
28274	651	ਸਲੋਕੁ ਮਃ ੩॥		Salok Ma 3 ||	Shalok, Third Mehl:	
28275	651	ਜਨਮ ਜਨਮ ਕੀ ਇਸੁ ਮਨ ਕਉ ਮਲੁ ਲਾਗੀ ਕਾਲਾ ਹੋਆ ਸਿਆਹੁ॥		Janam Janam Kee Eis Man Ko Mal Laagee Kaalaa Hoaa Siaahu ||	The filth of countless incarnations sticks to this mind; it has become pitch black.	ਕਈ ਜਨਮਾਂ ਦੀ ਇਸ ਮਨ ਨੂੰ ਮੈਲ ਲੱਗੀ ਹੋਈ ਹੈ ਜਿਸ ਕਰਕੇ ਇਹ ਬਹੁਤ ਹੀ ਕਾਲਾ ਹੋਇਆ ਪਿਆ ਹੈ (ਚਿੱਟਾ ਨਹੀਂ ਹੋ ਸਕਦਾ),

28276	651	ਖੰਨਲੀ ਧੋਤੀ ਉਜਲੀ ਨ ਹੋਵਈ ਜੇ ਸਉ ਧੋਵਣਿ ਪਾਹੁ॥	(ਖੰਨਲੀ) ਕੋਹਲੂ ਸਾਫ਼ ਕਰਨ ਵਾਲੀ ਲੀਰ	Khannalee Dhhothee Oujalee N Hovee Jae So Dhhovan Paahu ||	The oily rag cannot be cleaned by merely washing it, even if it is washed a hundred times.	ਜਿਵੇਂ ਤੇਲੀ ਦੀ ਲੀਰ ਧੋਤਿਆਂ ਚਿੱਟੀ ਨਹੀਂ ਹੁੰਦੀ, ਭਾਵੇਂ ਸੌ ਵਾਰੀ ਧੋਣ ਦਾ ਜਤਨ ਕਰੋ।
28277	651	ਗੁਰ ਪਰਸਾਦੀ ਜੀਵਤੁ ਮਰੈ ਉਲਟੀ ਹੋਵੈ ਮਤਿ ਬਦਲਾਹੁ॥		Gur Parasaadhee Jeevath Marai Oulattee Hovai Math Badhalaahu ||	By Guru's Grace, one remains dead while yet alive; his intellect is transformed, and he becomes detached from the world.	ਜੇ ਗੁਰੂ ਦੀ ਕਿਰਪਾ ਨਾਲ ਮਨ ਜੀਊਂਦਾ ਹੀ ਮਰੇ ਤੇ ਮਤਿ ਬਦਲ ਕੇ (ਮਾਇਆ ਵਲੋਂ) ਉਲਟ ਹੋ ਜਾਏ,
28278	651	ਨਾਨਕ ਮੈਲੁ ਨ ਲਗਈ ਨਾ ਫਿਰਿ ਜੋਨੀ ਪਾਹੁ॥੧॥		Naanak Mail N Lagee Naa Fir Jonee Paahu ||1||	O Nanak, no filth sticks to him, and he does not fall into the womb again. ||1||	ਤਾਂ ਹੇ ਨਾਨਕ! ਮੈਲ ਭੀ ਨਹੀਂ ਲੱਗਦੀ ਤੇ ਫਿਰ ਜੂਨਾਂ ਵਿਚ ਭੀ ਨਹੀਂ ਪੈਂਦਾ ॥੧॥
28279	651	ਮਃ ੩॥		Ma 3 ||	Third Mehl:	
28280	651	ਚਹੁ ਜੁਗੀ ਕਲਿ ਕਾਲੀ ਕਾਂਢੀ ਇਕ ਉਤਮ ਪਦਵੀ ਇਸੁ ਜੁਗ ਮਾਹਿ॥	(ਕਾਂਢੀ) ਕਿਹਾ ਜਾਂਦਾ- ਜੁੱਗੀਂ	Chahu Jugee Kal Kaalee Kaandtee Eik Outham Padhavee Eis Jug Maahi ||	Kali Yuga is called the Dark Age, but the most sublime state is attained in this age.	ਚਹੁੰ ਜੁਗਾਂ ਵਿਚ ਕਲਜੁਗ ਹੀ ਕਾਲਾ ਆਖੀਦਾ ਹੈ, ਪਰ ਇਸ ਜੁਗ ਵਿਚ ਭੀ ਇਕ ਉੱਤਮ ਪਦਵੀ (ਮਿਲ ਸਕਦੀ) ਹੈ।

28281	651	ਗੁਰਮੁਖਿ ਹਰਿ ਕੀਰਤਿ ਫਲੁ ਪਾਈਐ ਜਿਨ ਕਉ ਹਰਿ ਲਿਖਿ ਪਾਹਿ॥		Guramukh Har Keerath Fal Paaeeai Jin Ko Har Likh Paahi ||	The Gurmukh obtains the fruit, the Kirtan of the Lord's Praises; this is his destiny, ordained by the Lord.	(ਉਹ ਪਦਵੀ ਇਹ ਹੈ ਕਿ) ਜਿਨ੍ਹਾਂ ਦੇ ਹਿਰਦੇ ਵਿਚ ਹਰੀ (ਭਗਤੀ-ਰੂਪ ਲੇਖ ਪਿਛਲੀ ਕੀਤੀ ਕਮਾਈ ਅਨੁਸਾਰ) ਲਿਖ ਦੇਂਦਾ ਹੈ ਉਹ ਗੁਰਮੁਖ ਹਰੀ ਦੀ ਸਿਫ਼ਤਿ (-ਰੂਪ) ਫਲ (ਇਸੇ ਜੁਗ ਵਿਚ) ਪ੍ਰਾਪਤ ਕਰਦੇ ਹਨ,
28282	651	ਨਾਨਕ ਗੁਰ ਪਰਸਾਦੀ ਅਨ ਦਿਨੁ ਭਗਤਿ ਹਰਿ ਉਚਰਹਿ ਹਰਿ ਭਗਤੀ ਮਾਹਿ ਸਮਾਹਿ॥੨॥	ਉੱਚਰਹਿ	Naanak Gur Parasaadhee Anadhin Bhagath Har Oucharehi Har Bhagathee Maahi Samaahi ||2||	O Nanak, by Guru's Grace, he worships the Lord night and day; he chants the Lord's Name, and remains absorbed in the Lord's devotional worship. ||2||	ਤੇ ਹੇ ਨਾਨਕ! ਉਹ ਮਨੁੱਖ ਗੁਰੂ ਦੀ ਕਿਰਪਾ ਨਾਲ ਹਰ ਰੋਜ਼ ਹਰੀ ਦੀ ਭਗਤੀ ਕਰਦੇ ਹਨ ਤੇ ਭਗਤੀ ਵਿਚ ਹੀ ਲੀਨ ਹੋ ਜਾਂਦੇ ਹਨ ॥੨॥
28283	651	ਪਉੜੀ॥		Pourree ||	Pauree:	
28284	651	ਹਰਿ ਹਰਿ ਮੇਲਿ ਸਾਧ ਜਨ ਸੰਗਤਿ ਮੁਖਿ ਬੋਲੀ ਹਰਿ ਹਰਿ ਭਲੀ ਬਾਣਿ॥		Har Har Mael Saadhh Jan Sangath Mukh Bolee Har Har Bhalee Baan ||	O Lord, unite me with the Saadh Sangat, the Company of the Holy, so that with my mouth, I may speak the sublime Word of the Guru's Bani.	ਹੇ ਹਰੀ! ਮੈਨੂੰ ਸਾਧ ਜਨਾਂ ਦੀ ਸੰਗਤ ਮਿਲਾ, ਮੈਂ ਮੂੰਹੋਂ ਤੇਰੇ ਨਾਮ ਦੀ ਸੁੰਦਰ ਬੋਲੀ ਬੋਲਾਂ;

28285	651	ਹਰਿ ਗੁਣ ਗਾਵਾ ਹਰਿ ਨਿਤ ਚਵਾ ਗੁਰਮਤੀ ਹਰਿ ਰੰਗੁ ਸਦਾ ਮਾਣਿ॥	(ਚਵਾ) ਉਚਾਰਾਂ	Har Gun Gaavaa Har Nith Chavaa Guramathee Har Rang Sadhaa Maan ||	I sing the Glorious Praises of the Lord, and constantly chant the Lord's Name; through the Guru's Teachings, I enjoy the Lord's Love constantly.	ਹਰੀ-ਗੁਣ ਗਾਵਾਂ ਤੇ ਨਿੱਤ ਹਰੀ-ਨਾਮ ਉਚਾਰਾਂ ਤੇ ਗੁਰੂ ਦੀ ਮੱਤ ਲੈ ਕੇ ਸਦਾ ਹਰੀ-ਰੰਗ ਮਾਣਾਂ।
28286	651	ਹਰਿ ਜਪਿ ਜਪਿ ਅਉਖਧ ਖਾਧਿਆ ਸਭਿ ਰੋਗ ਗਵਾਤੇ ਦੁਖਾ ਘਾਣਿ॥		Har Jap Jap Aoukhadhh Khaadhhiaa Sabh Rog Gavaathae Dhukhaa Ghaan ||	I take the medicine of meditation on the Lord's Name, which has cured all diseases and multitudes of sufferings.	ਹਰੀ ਦਾ ਭਜਨ ਕਰ ਕੇ ਤੇ (ਭਜਨ-ਰੂਪ) ਦਵਾਈ ਖਾਧਿਆਂ ਸਾਰੇ ਦੁੱਖ ਰੋਗ ਦੂਰ ਹੋ ਜਾਂਦੇ ਹਨ।
28287	651	ਜਿਨਾ ਸਾਸਿ ਗਿਰਾਸਿ ਨ ਵਿਸਰੈ ਸੇ ਹਰਿ ਜਨ ਪੂਰੇ ਸਹੀ ਜਾਣਿ॥		Jinaa Saas Giraas N Visarai Sae Har Jan Poorae Sehee Jaan ||	Those who do not forget the Lord, while breathing or eating - know them to be the perfect servants of the Lord.	ਉਹਨਾਂ ਹਰੀ ਜਨਾਂ ਨੂੰ ਸਚ-ਮੁੱਚ ਪੂਰੇ ਸਮਝੋ, ਜਿਨ੍ਹਾਂ ਨੂੰ ਸਾਹ ਲੈਂਦਿਆਂ ਤੇ ਖਾਂਦਿਆਂ (ਕਦੇ ਭੀ) ਪਰਮਾਤਮਾ ਨਹੀਂ ਵਿਸਰਦਾ;
28288	651	ਜੋ ਗੁਰਮੁਖਿ ਹਰਿ ਆਰਾਧਦੇ ਤਿਨ ਚੂਕੀ ਜਮ ਕੀ ਜਗਤ ਕਾਣਿ॥੨੨॥		Jo Guramukh Har Aaraadhhadhae Thin Chookee Jam Kee Jagath Kaan ||22||	Those Gurmukhs who worship the Lord in adoration end their subservience to the Messenger of Death, and to the world. ||22||	ਜੋ ਮਨੁੱਖ ਸਤਿਗੁਰੂ ਦੇ ਸਨਮੁਖ ਹੋ ਕੇ ਹਰੀ ਨੂੰ ਸਿਮਰਦੇ ਹਨ, ਉਹਨਾਂ ਲਈ ਜਮ ਦੀ ਤੇ ਜਗਤ ਦੀ ਮੁਥਾਜੀ ਮੁੱਕ ਜਾਂਦੀ ਹੈ ॥੨੨॥

28289	651	ਸਲੋਕੁ ਮਃ ੩॥		Salok Ma 3 ||	Shalok, Third Mehl:	
28290	651	ਰੇ ਜਨ ਉਥਾਰੈ ਦਬਿਓਹੁ ਸੁਤਿਆ ਗਈ ਵਿਹਾਇ॥	ਹੰਕਾਰ ਰੂਪ (ਉਥਾਰੈ) ਦੱਾਬੇ ਰੋਗ ਦੇ ਦੱਬੇ, ਪਾਪਬੁਰਿਆਈ ਦੀ ਨੀਂਦ ਚ	Rae Jan Outhhaarai Dhabiouhu Suthiaa Gee Vihaae ||	O man, you have been tormented by a nightmare, and you have passed your life in sleep.	(ਮੋਹ-ਰੂਪ) ਉਥਾਰੇ ਦੇ ਦੱਬੇ ਹੋਏ ਹੇ ਭਾਈ! (ਤੇਰੀ ਉਮਰ) ਸੁੱਤਿਆਂ ਹੀ ਗੁਜ਼ਰ ਗਈ ਹੈ;
28291	651	ਸਤਿਗੁਰ ਕਾ ਸਬਦੁ ਸੁਣਿ ਨ ਜਾਗਿਓ ਅੰਤਰਿ ਨ ਉਪਜਿਓ ਚਾਉ॥		Sathigur Kaa Sabadh Sun N Jaagiou Anthar N Oupajiou Chaao ||	You did not wake to hear the Word of the True Guru's Shabad; you have no inspiration within yourself.	ਸਤਿਗੁਰੂ ਦਾ ਸ਼ਬਦ ਸੁਣ ਕੇ ਤੈਨੂੰ ਜਾਗ ਨਹੀਂ ਆਈ ਤੇ ਨਾ ਹੀ ਹਿਰਦੇ ਵਿਚ (ਨਾਮ ਜਪਣ ਦਾ) ਚਾਉ ਉਪਜਿਆ ਹੈ।
28292	651	ਸਰੀਰੁ ਜਲਉ ਗੁਣ ਬਾਹਰਾ ਜੋ ਗੁਰ ਕਾਰ ਨ ਕਮਾਇ॥		Sareer Jalo Gun Baaharaa Jo Gur Kaar N Kamaae ||	That body burns, which has no virtue, and which does not serve the Guru.	ਗੁਣਾਂ ਤੋਂ ਸੱਖਣਾ ਸਰੀਰ ਸੜ ਜਾਏ ਜੋ ਸਤਿਗੁਰੂ ਦੀ (ਦੱਸੀ ਹੋਈ) ਕਾਰ ਨਹੀਂ ਕਰਦਾ;
28293	651	ਜਗਤੁ ਜਲੰਦਾ ਡਿਠੁ ਮੈ ਹਉਮੈ ਦੂਜੈ ਭਾਇ॥	ਜੱਗਤੁ	Jagath Jalandhaa Ddith Mai Houmai Dhoojai Bhaae ||	I have seen that the world is burning, in egotism and the love of duality.	(ਇਸ ਤਰ੍ਹਾਂ ਦਾ) ਸੰਸਾਰ ਮੈਂ ਹਉਮੈ ਵਿਚ ਤੇ ਮਾਇਆ ਦੇ ਮੋਹ ਵਿਚ ਸੜਦਾ ਵੇਖਿਆ ਹੈ।

28294	651	ਨਾਨਕ ਗੁਰ ਸਰਣਾਈ ਉਬਰੇ ਸਚੁ ਮਨਿ ਸਬਦਿ ਧਿਆਇ॥੧॥		Naanak Gur Saranaaee Oubarae Sach Man Sabadh Dhhiaae ||1||	O Nanak, those who seek the Guru's Sanctuary are saved; within their minds, they meditate on the True Word of the Shabad. ||1||	ਹੇ ਨਾਨਕ! ਗੁਰੂ ਦੇ ਸ਼ਬਦ ਦੀ ਰਾਹੀਂ ਸੱਚੇ ਹਰੀ ਨੂੰ ਮਨ ਵਿਚ ਸਿਮਰ ਕੇ (ਜੀਵ) ਸਤਿਗੁਰੂ ਦੀ ਸ਼ਰਨ ਪੈ ਕੇ (ਇਸ ਹਉਮੈ ਵਿਚ ਸੜਨ ਤੋਂ) ਬਚਦੇ ਹਨ ॥੧॥
28295	651	ਮਃ ੩॥		Ma 3 ||	Third Mehl:	
28296	651	ਸਬਦਿ ਰਤੇ ਹਉਮੈ ਗਈ ਸੋਭਾਵੰਤੀ ਨਾਰਿ॥		Sabadh Rathae Houmai Gee Sobhaavanthee Naar ||	Attuned to the Word of the Shabad, the soul-bride is rid of egotism, and she is glorified.	ਜਿਸ ਦੀ ਹਉਮੈ ਸਤਿਗੁਰੂ ਦੇ ਸ਼ਬਦ ਵਿਚ ਰੰਗੇ ਜਾਣ ਨਾਲ ਦੂਰ ਹੋ ਜਾਂਦੀ ਹੈ ਉਹ (ਜੀਵ-ਰੂਪੀ) ਨਾਰੀ ਸੋਭਾਵੰਤੀ ਹੈ;
28297	651	ਪਿਰ ਕੈ ਭਾਣै ਸਦਾ ਚਲै ਤਾ ਬਨਿਆ ਸੀਗਾਰੁ॥		Pir Kai Bhaanai Sadhaa Chalai Thaa Baniaa Seegaar ||	If she walks steadily in the way of His Will, then she is adorned with decorations.	ਉਹ ਨਾਰੀ ਆਪਣੇ ਪ੍ਰਭੂ-ਪਤੀ ਦੇ ਹੁਕਮ ਵਿਚ ਸਦਾ ਤੁਰਦੀ ਹੈ, ਇਸੇ ਕਰਕੇ ਉਸ ਦਾ ਸ਼ਿੰਗਾਰ ਸਫਲ ਸਮਝੋ।
28298	651	ਸੇਜ ਸੁਹਾਵੀ ਸਦਾ ਪਿਰੁ ਰਾਵै ਹਰਿ ਵਰੁ ਪਾਇਆ ਨਾਰਿ॥		Saej Suhaavee Sadhaa Pir Raavai Har Var Paaeiaa Naar ||	Her couch becomes beautiful, and she constantly enjoys her Husband Lord; she obtains the Lord as her Husband.	ਜਿਸ ਜੀਵ-ਇਸਤ੍ਰੀ ਨੇ ਪ੍ਰਭੂ-ਪਤੀ ਲੱਭ ਲਿਆ ਹੈ, ਉਸ ਦੀ (ਹਿਰਦੇ-ਰੂਪ) ਸੇਜ ਸੁੰਦਰ ਹੈ, ਕਿਉਂਕਿ ਉਸ ਨੂੰ ਪਤੀ ਸਦਾ ਮਿਲਿਆ ਹੋਇਆ ਹੈ,

28299	651	ਨਾ ਹਰਿ ਮਰੈ ਨ ਕਦੇ ਦੁਖੁ ਲਾਗੈ ਸਦਾ ਸੁਹਾਗਣਿ ਨਾਰਿ॥		Naa Har Marai N Kadhae Dhukh Laagai Sadhaa Suhaagan Naar ||	The Lord does not die, and she never suffers pain; she is a happy soul-bride forever.	ਉਹ ਇਸਤ੍ਰੀ ਸਦਾ ਸੁਹਾਗ ਵਾਲੀ ਹੈ ਕਿਉਂਕਿ ਉਸ ਦਾ ਪਤੀ ਪ੍ਰਭੂ ਕਦੇ ਮਰਦਾ ਨਹੀਂ, (ਇਸ ਲਈ) ਉਹ ਕਦੇ ਦੁਖੀ ਨਹੀਂ ਹੁੰਦੀ।
28300	651	ਨਾਨਕ ਹਰਿ ਪ੍ਰਭ ਮੇਲਿ ਲਈ ਗੁਰ ਕੈ ਹੇਤਿ ਪਿਆਰਿ॥੨॥		Naanak Har Prabh Mael Lee Gur Kai Haeth Piaar ||2||	O Nanak, the Lord God unites her with Himself; she enshrines love and affection for the Guru. ||2||	ਹੇ ਨਾਨਕ! ਗੁਰੂ ਦੇ ਪਿਆਰ ਵਿਚ ਉਸ ਦੀ ਬ੍ਰਿਤੀ ਹੋਣ ਕਰਕੇ ਪ੍ਰਭੂ ਨੇ ਆਪਣੇ ਨਾਲ ਮਿਲਾਇਆ ਹੈ ॥੨॥
28301	651	ਪਉੜੀ॥		Pourree ||	Pauree:	
28302	651	ਜਿਨਾ ਗੁਰੁ ਗੋਪਿਆ ਆਪਣਾ ਤੇ ਨਰ ਬੁਰਿਆਰੀ॥	(ਗੋਪਿਆ) ਹਾਜ਼ਰ ਨਹੀਂ ਜਾਣਿਆ	Jinaa Gur Gopiaa Aapanaa Thae Nar Buriaaree ||	Those who conceal and deny their Guru, are the most evil people.	ਜੋ ਮਨੁੱਖ ਪਿਆਰੇ ਸਤਿਗੁਰੂ ਦੀ ਨਿੰਦਾ ਕਰਦੇ ਹਨ, ਉਹ ਬਹੁਤ ਭੈੜੇ ਹਨ,
28303	651	ਹਰਿ ਜੀਉ ਤਿਨ ਕਾ ਦਰਸਨੁ ਨਾ ਕਰਹੁ ਪਾਪਿਸਟ ਹਤਿਆਰੀ॥	(ਪਾ-ਪਿਸਟ) ਮਹਾਂ ਪਾਪੀ ਜਿਸ ਨੂੰ ਪਾਪ ਪਿਆਰਾ ਹੈ	Har Jeeo Thin Kaa Dharasan Naa Karahu Paapisatt Hathiaaree ||	O Dear Lord, let me not even see them; they are the worst sinners and murderers.	ਰੱਬ ਮਿਹਰ ਹੀ ਕਰੇ! ਹੇ ਭਾਈ! ਉਨ੍ਹਾਂ ਦਾ ਦਰਸ਼ਨ ਨਾਹ ਕਰੋ, ਉਹ ਬੜੇ ਪਾਪੀ ਤੇ ਹੱਤਿਆਰੇ ਹਨ;

28304	651	ਓਹਿ ਘਰਿ ਘਰਿ ਫਿਰਹਿ ਕੁਸੁਧ ਮਨਿ ਜਿਉ ਧਰਕਟ ਨਾਰੀ॥	(ਧਰ-ਕਟ) ਵਿੱਭਚਾਰਨ। ਕੁਸੁੱਧ	Ouhi Ghar Ghar Firehi Kusudhh Man Jio Dhharakatt Naaree ||	They wander from house to house, with impure minds, like wicked, forsaken women.	ਮਨੋਂ ਖੋਟੇ ਉਹ ਆਦਮੀ ਵਿਭਚਾਰਨ ਇਸਤ੍ਰੀ ਵਾਂਗ ਘਰ ਘਰ ਫਿਰਦੇ ਹਨ।
28305	651	ਵਡਭਾਗੀ ਸੰਗਤਿ ਮਿਲੇ ਗੁਰਮੁਖਿ ਸਵਾਰੀ॥		Vaddabhaagee Sangath Milae Guramukh Savaaree ||	But by great good fortune, they may meet the Company of the Holy; as Gurmukhs, they are reformed.	ਵਡਭਾਗੀ ਮਨੁੱਖ ਸਤਿਗੁਰੂ ਦੀ ਨਿਵਾਜੀ ਹੋਈ ਗੁਰਮੁਖਾਂ ਦੀ ਸੰਗਤ ਵਿਚ ਮਿਲਦੇ ਹਨ।
28306	651	ਹਰਿ ਮੇਲਹੁ ਸਤਿਗੁਰ ਦਇਆ ਕਰਿ ਗੁਰ ਕਉ ਬਲਿਹਾਰੀ॥੨੩॥		Har Maelahu Sathigur Dhaeiaa Kar Gur Ko Balihaaree ||23||	O Lord, please be kind and let me meet the True Guru; I am a sacrifice to the Guru. ||23||	ਹੇ ਹਰੀ! ਮੈਂ ਸਦਕੇ ਹਾਂ ਸਤਿਗੁਰੂ ਤੋਂ, ਮੇਹਰ ਕਰ ਤੇ ਸਤਿਗੁਰੂ ਨੂੰ ਮਿਲਾ ॥੨੩॥
28307	651	ਸਲੋਕੁ ਮਃ ੩॥		Salok Ma 3 ||	Shalok, Third Mehl:	
28308	651	ਗੁਰ ਸੇਵਾ ਤੇ ਸੁਖੁ ਊਪਜੈ ਫਿਰਿ ਦੁਖੁ ਨ ਲਗੈ ਆਇ॥		Gur Saevaa Thae Sukh Oopajai Fir Dhukh N Lagai Aae ||	Serving the Guru, peace is produced, and then, one does not suffer in pain.	ਸਤਿਗੁਰੂ ਦੀ ਸੇਵਾ ਤੋਂ (ਮਨੁੱਖ) ਨੂੰ ਸੁਖ ਪ੍ਰਾਪਤ ਹੁੰਦਾ ਹੈ, ਫਿਰ ਕਦੇ ਕਲੇਸ਼ ਨਹੀਂ ਹੁੰਦਾ,

28309	651	ਜੰਮਣੁ ਮਰਣਾ ਮਿਟਿ ਗਇਆ ਕਾਲੈ ਕਾ ਕਿਛੁ ਨ ਬਸਾਇ॥		Janman Maranaa Mitt Gaeiaa Kaalai Kaa Kishh N Basaae ||	The cycle of birth and death is brought to an end, and death has no power over at all.	ਉਸ ਦਾ ਜਨਮ ਮਰਨ ਮੁੱਕ ਜਾਂਦਾ ਹੈ ਤੇ ਜਮਕਾਲ ਦਾ ਕੁਝ ਵੱਸ ਨਹੀਂ ਚੱਲਦਾ;
28310	651	ਹਰਿ ਸੇਤੀ ਮਨੁ ਰਵਿ ਰਹਿਆ ਸਚੇ ਰਹਿਆ ਸਮਾਇ॥		Har Saethee Man Rav Rehiaa Sachae Rehiaa Samaae ||	His mind is imbued with the Lord, and he remains merged in the True Lord.	ਹਰੀ ਨਾਲ ਉਸ ਦਾ ਮਨ ਮਿਲਿਆ ਰਹਿੰਦਾ ਹੈ ਤੇ ਉਹ ਸੱਚੇ ਵਿਚ ਸਮਾਇਆ ਰਹਿੰਦਾ ਹੈ।
28311	651	ਨਾਨਕ ਹਉ ਬਲਿਹਾਰੀ ਤਿੰਨ ਕਉ ਜੋ ਚਲਨਿ ਸਤਿਗੁਰ ਭਾਇ॥੧॥		Naanak Ho Balihaaree Thinn Ko Jo Chalan Sathigur Bhaae ||1||	O Nanak, I am a sacrifice to those who walk in the Way of the True Guru's Will. ||1||	ਹੇ ਨਾਨਕ! ਮੈਂ ਉਹਨਾਂ ਤੋਂ ਸਦਕੇ ਹਾਂ, ਜੋ ਸਤਿਗੁਰੂ ਦੇ ਪਿਆਰ ਵਿਚ ਤੁਰਦੇ ਹਨ ॥੧॥
28312	651	ਮਃ ੩॥		Ma 3 ||	Third Mehl:	
28313	651	ਬਿਨੁ ਸਬਦੈ ਸੁਧੁ ਨ ਹੋਵਈ ਜੇ ਅਨੇਕ ਕਰੈ ਸੀਗਾਰ॥		Bin Sabadhai Sudhh N Hovee Jae Anaek Karai Seegaar ||	Without the Word of the Shabad, purity is not obtained, even though the soul-bride may adorn herself with all sorts of decorations.	ਸਤਿਗੁਰੂ ਦੇ ਸ਼ਬਦ ਤੋਂ ਬਿਨਾ (ਜੀਵ-ਇਸਤ੍ਰੀ) ਭਾਵੇਂ ਬਿਅੰਤ ਸ਼ਿੰਗਾਰ ਕਰੇ ਸੁੱਧ ਨਹੀਂ ਹੋ ਸਕਦੀ,

28314	652	ਪਿਰ ਕੀ ਸਾਰ ਨ ਜਾਣਈ ਦੂਜੈ ਭਾਇ ਪਿਆਰੁ॥		Pir Kee Saar N Jaanee Dhoojai Bhaae Piaar ||	She does not know the value of her Husband Lord; she is attached to the love of duality.	(ਕਿਉਂਕਿ) ਉਹ ਪਤੀ ਦੀ ਕਦਰ ਨਹੀਂ ਜਾਣਦੀ ਤੇ ਉਸ ਦੀ ਮਾਇਆ ਦੇ ਵਿਚ ਸੁਰਤਿ ਹੁੰਦੀ ਹੈ।
28315	652	ਸਾ ਕੁਸੁਧ ਸਾ ਕੁਲਖਣੀ ਨਾਨਕ ਨਾਰੀ ਵਿਚਿ ਕੁਨਾਰਿ॥੨॥	ਕੁ-ਲੱਖਣੀ। ਕੁ-ਸੁੱਧ	Saa Kusudhh Saa Kulakhanee Naanak Naaree Vich Kunaar ||2||	She is impure, and ill-mannered, O Nanak; among women, she is the most evil woman. ||2||	ਹੇ ਨਾਨਕ! ਇਹੋ ਜਹੀ ਇਸਤ੍ਰੀ ਮਨੋਂ ਖੋਟੀ ਤੇ ਭੈੜੇ ਲੱਛਣਾਂ ਵਾਲੀ ਹੁੰਦੀ ਹੈ ਤੇ ਨਾਰੀਆਂ ਵਿਚ ਉਹ ਭੈੜੀ ਨਾਰਿ (ਕਹਾਉਂਦੀ ਹੈ) ॥੨॥
28316	652	ਪਉੜੀ॥		Pourree ||	Pauree:	
28317	652	ਹਰਿ ਹਰਿ ਅਪਣੀ ਦਇਆ ਕਰਿ ਹਰਿ ਬੋਲੀ ਬੈਣੀ॥		Har Har Apanee Dhaeiaa Kar Har Bolee Bainee ||	Be kind to me, Lord, that I might chant the Word of Your Bani.	ਹੇ ਹਰੀ! ਆਪਣੀ ਮੇਹਰ ਕਰ, ਮੈਂ ਤੇਰੀ ਬਾਣੀ (ਭਾਵ, ਤੇਰਾ ਜੱਸ) ਉਚਾਰਾਂ,
28318	652	ਹਰਿ ਨਾਮੁ ਧਿਆਈ ਹਰਿ ਉਚਰਾ ਹਰਿ ਲਾਹਾ ਲੈਣੀ॥		Har Naam Dhhiaaee Har Oucharaa Har Laahaa Lainee ||	May I meditate on the Lord's Name, chant the Lord's Name, and obtain the profit of the Lord's Name.	ਹਰੀ-ਨਾਮ ਸਿਮਰਾਂ, ਹਰੀ-ਨਾਮ ਦਾ ਉਚਾਰਨ ਕਰਾਂ ਤੇ ਇਹੀ ਲਾਭ ਖੱਟਾਂ।

28319	652	ਜੋ ਜਪਦੇ ਹਰਿ ਹਰਿ ਦਿਨਸੁ ਰਾਤਿ ਤਿਨ ਹਉ ਕੁਰਬੈਣੀ॥		Jo Japadhae Har Har Dhinas Raath Thin Ho Kurabainee ||	I am a sacrifice to those who chant the Name of the Lord, Har, Har, day and night.	ਮੈਂ ਉਹਨਾਂ ਤੋਂ ਕੁਰਬਾਨ ਹਾਂ, ਜੋ ਦਿਨ ਰਾਤ ਹਰੀ-ਨਾਮ ਜਪਦੇ ਹਨ,
28320	652	ਜਿਨਾ ਸਤਿਗੁਰੁ ਮੇਰਾ ਪਿਆਰਾ ਅਰਾਧਿਆ ਤਿਨ ਜਨ ਦੇਖਾ ਨੈਣੀ॥		Jinaa Sathigur Maeraa Piaaraa Araadhhiaa Thin Jan Dhaekhaa Nainee ||	May I behold with my eyes those who worship and adore my Beloved True Guru.	ਉਹਨਾਂ ਨੂੰ ਮੈਂ ਅੱਖੀਂ ਵੇਖਾਂ ਜੋ ਪਿਆਰੇ ਸਤਿਗੁਰੂ ਦੀ ਸੇਵਾ ਕਰਦੇ ਹਨ।
28321	652	ਹਉ ਵਾਰਿਆ ਅਪਣੇ ਗੁਰੂ ਕਉ ਜਿਨਿ ਮੇਰਾ ਹਰਿ ਸਜਣੁ ਮੇਲਿਆ ਸੈਣੀ॥੨੪॥		Ho Vaariaa Apanae Guroo Ko Jin Maeraa Har Sajan Maeliaa Sainee ||24||	I am a sacrifice to my Guru, who has united me with my Lord, my friend, my very best friend. ||24||	ਮੈਂ ਆਪਣੇ ਸਤਿਗੁਰੂ ਤੋਂ ਸਦਕੇ ਹਾਂ, ਜਿਸ ਨੇ ਮੈਨੂੰ ਪਿਆਰਾ ਸੱਜਣ ਪ੍ਰਭੂ ਸਾਥੀ ਮਿਲਾ ਦਿੱਤਾ ਹੈ ॥੨੪॥
28322	652	ਸਲੋਕੁ ਮਃ ੪॥		Salok Ma 4 ||	Shalok, Fourth Mehl:	
28323	652	ਹਰਿ ਦਾਸਨ ਸਿਉ ਪ੍ਰੀਤਿ ਹੈ ਹਰਿ ਦਾਸਨ ਕੋ ਮਿਤੁ॥		Har Dhaasan Sio Preeth Hai Har Dhaasan Ko Mith ||	The Lord loves His slaves; the Lord is the friend of His slaves.	ਪ੍ਰਭੂ ਦੀ ਆਪਣੇ ਸੇਵਕਾਂ ਨਾਲ ਪ੍ਰੀਤ ਹੁੰਦੀ ਹੈ, ਪ੍ਰਭੂ ਆਪਣੇ ਸੇਵਕਾਂ ਦਾ ਮਿੱਤ੍ਰ ਹੈ,

28324	652	ਹਰਿ ਦਾਸਨ ਕੈ ਵਸਿ ਹੈ ਜਿਉ ਜੰਤੀ ਕੈ ਵਸਿ ਜੰਤੁ॥	ਵੱਸਿ	Har Dhaasan Kai Vas Hai Jio Janthee Kai Vas Janth ||	The Lord is under the control of His slaves, like the musical instrument under the control of the musician.	ਜਿਵੇਂ ਵਾਜਾ ਵਜੰਤ੍ਰੀ ਦੇ ਵੱਸ ਵਿਚ ਹੁੰਦਾ ਹੈ (ਜਿਵੇਂ ਚਾਹੇ ਵਜਾਏ) ਤਿਵੇਂ ਪ੍ਰਭੂ ਆਪਣੇ ਸੇਵਕਾਂ ਦੇ ਅਧੀਨ ਹੁੰਦਾ ਹੈ।
28325	652	ਹਰਿ ਕੇ ਦਾਸ ਹਰਿ ਧਿਆਇਦੇ ਕਰਿ ਪ੍ਰੀਤਮ ਸਿਉ ਨੇਹੁ॥		Har Kae Dhaas Har Dhhiaaeidhae Kar Preetham Sio Naehu ||	The Lord's slaves meditate on the Lord; they love their Beloved.	ਪ੍ਰਭੂ ਦੇ ਸੇਵਕ ਆਪਣੇ ਪ੍ਰੀਤਮ ਪ੍ਰਭੂ ਨਾਲ ਪ੍ਰੇਮ ਜੋੜ ਕੇ ਪ੍ਰਭੂ ਨੂੰ ਸਿਮਰਦੇ ਹਨ,
28326	652	ਕਿਰਪਾ ਕਰਿ ਕੈ ਸੁਨਹੁ ਪ੍ਰਭ ਸਭ ਜਗ ਮਹਿ ਵਰਸੈ ਮੇਹੁ॥		Kirapaa Kar Kai Sunahu Prabh Sabh Jag Mehi Varasai Maehu ||	Please, hear me, O God - let Your Grace rain over the whole world.	(ਤੇ ਬੇਨਤੀ ਕਰਦੇ ਹਨ, ਕਿ) ਹੇ ਪ੍ਰਭੂ ਮੇਹਰ ਕਰ ਕੇ ਸੁਣ, ਸਾਰੇ ਸੰਸਾਰ ਵਿਚ (ਨਾਮ ਦੀ) ਵਰਖਾ ਹੋਵੇ (ਇਸ ਪਿਆਰ ਕਰਕੇ ਹੀ ਪ੍ਰਭੂ ਆਪਣੇ ਸੇਵਕਾਂ ਨੂੰ ਪਿਆਰਦਾ ਹੈ)।
28327	652	ਜੋ ਹਰਿ ਦਾਸਨ ਕੀ ਉਸਤਤਿ ਹੈ ਸਾ ਹਰਿ ਕੀ ਵਡਿਆਈ॥		Jo Har Dhaasan Kee Ousathath Hai Saa Har Kee Vaddiaaee ||	The praise of the Lord's slaves is the Glory of the Lord.	ਹਰੀ ਦੇ ਸੇਵਕਾਂ ਦੀ ਵਡਿਆਈ ਹਰੀ ਦੀ ਹੀ ਵਡਿਆਈ ਹੈ;

28328	652	ਹਰਿ ਆਪਣੀ ਵਡਿਆਈ ਭਾਵਦੀ ਜਨ ਕਾ ਜੈਕਾਰੁ ਕਰਾਈ॥		Har Aapanee Vaddiaaee Bhaavadhee Jan Kaa Jaikaar Karaaee ||	The Lord loves His Own Glory, and so His humble servant is celebrated and hailed.	ਹਰੀ ਨੂੰ ਆਪਣੀ ਇਹ ਵਡਿਆਈ (ਜੋ ਉਸ ਦੇ ਸੇਵਕਾਂ ਦੀ ਹੁੰਦੀ ਹੈ) ਚੰਗੀ ਲੱਗਦੀ ਹੈ। (ਸੋ) ਉਹ ਆਪਣੇ ਸੇਵਕ ਦੀ ਜੈ ਜੈਕਾਰ ਕਰਾ ਦੇਂਦਾ ਹੈ।
28329	652	ਸੋ ਹਰਿ ਜਨੁ ਨਾਮੁ ਧਿਆਇਦਾ ਹਰਿ ਹਰਿ ਜਨੁ ਇਕ ਸਮਾਨਿ॥		So Har Jan Naam Dhhiaaeidhaa Har Har Jan Eik Samaan ||	That humble servant of the Lord meditates on the Naam, the Name of the Lord; the Lord, and the Lord's humble servant, are one and the same.	ਹਰੀ ਦਾ ਦਾਸ ਉਹ ਹੈ ਜੋ ਹਰੀ ਦਾ ਨਾਮ ਸਿਮਰਦਾ ਹੈ, ਹਰੀ ਤੇ ਹਰੀ ਦਾ ਸੇਵਕ ਇਕ-ਰੂਪ ਹਨ।
28330	652	ਜਨੁ ਨਾਨਕੁ ਹਰਿ ਕਾ ਦਾਸੁ ਹੈ ਹਰਿ ਪੈਜ ਰਖਹੁ ਭਗਵਾਨ॥੧॥		Jan Naanak Har Kaa Dhaas Hai Har Paij Rakhahu Bhagavaan ||1||	Servant Nanak is the slave of the Lord; O Lord, O God, please, preserve his honor. ||1||	ਹੇ ਹਰੀ! ਹੇ ਭਗਵਾਨ! ਦਾਸ ਨਾਨਕ ਤੇਰਾ ਸੇਵਕ ਹੈ, (ਇਸ ਸੇਵਕ ਦੀ ਭੀ) ਲਾਜ ਰੱਖ (ਆਪਣੇ ਨਾਮ ਦੀ ਦਾਤਿ ਦੇਹ) ॥੧॥
28331	652	ਮਃ ੪॥		Ma 4 ||	Fourth Mehl:	
28332	652	ਨਾਨਕ ਪ੍ਰੀਤਿ ਲਾਈ ਤਿਨਿ ਸਾਚੈ ਤਿਸੁ ਬਿਨੁ ਰਹਣੁ ਨ ਜਾਈ॥		Naanak Preeth Laaee Thin Saachai This Bin Rehan N Jaaee ||	Nanak loves the True Lord; without Him, he cannot even survive.	ਉਸ ਸੱਚੇ ਹਰੀ ਨੇ ਨਾਨਕ ਦੇ (ਹਿਰਦੇ ਵਿਚ) ਪ੍ਰੇਮ ਪੈਦਾ ਕੀਤਾ ਹੈ, (ਹੁਣ) ਉਸ ਤੋਂ ਬਿਨਾ ਜੀਵਿਆ ਨਹੀਂ ਜਾਂਦਾ;

28333	652	ਸਤਿਗੁਰੁ ਮਿਲੈ ਤ ਪੂਰਾ ਪਾਈਐ ਹਰਿ ਰਸਿ ਰਸਨ ਰਸਾਈ॥੨॥		Sathigur Milai Th Pooraa Paaeeai Har Ras Rasan Rasaaee ||2||	Meeting the True Guru, one finds the Perfect Lord, and the tongue enjoys the sublime essence of the Lord. ||2||	(ਕਿਵੇਂ ਮਿਲੇ?) ਸਤਿਗੁਰੂ ਮਿਲ ਪਏ ਤਾਂ ਪੂਰਾ ਹਰੀ ਲੱਭ ਪੈਂਦਾ ਹੈ ਤੇ ਜੀਭ ਹਰੀ-ਨਾਮ ਦੇ ਸੁਆਦ ਵਿਚ ਰਸ ਜਾਂਦੀ ਹੈ ॥੨॥
28334	652	ਪਉੜੀ॥		Pourree ||	Pauree:	
28335	652	ਰੈਣਿ ਦਿਨਸੁ ਪਰਭਾਤਿ ਤੂਹੈ ਹੀ ਗਾਵਣਾ॥		Rain Dhinas Parabhaath Thoohai Hee Gaavanaa ||	Night and day, morning and night, I sing to You, Lord.	ਹੇ ਹਰੀ! ਰਾਤ ਦਿਨੇ ਅੰਮ੍ਰਿਤ ਵੇਲੇ (ਭਾਵ, ਹਰ ਵੇਲੇ) ਤੂੰ ਹੀ ਗਾਵਣ-ਜੋਗ ਹੈਂ;
28336	652	ਜੀਅ ਜੰਤ ਸਰਬਤ ਨਾਉ ਤੇਰਾ ਧਿਆਵਣਾ॥		Jeea Janth Sarabath Naao Thaeraa Dhhiaavanaa ||	All beings and creatures meditate on Your Name.	ਸਾਰੇ ਜੀਵ ਜੰਤ ਤੇਰਾ ਹੀ ਨਾਮ ਸਿਮਰਦੇ ਹਨ;
28337	652	ਤੂ ਦਾਤਾ ਦਾਤਾਰੁ ਤੇਰਾ ਦਿਤਾ ਖਾਵਣਾ॥		Thoo Dhaathaa Dhaathaar Thaeraa Dhithaa Khaavanaa ||	You are the Giver, the Great Giver; we eat whatever You give us.	ਤੂੰ ਦਾਤਾਂ ਦੇਣ ਵਾਲਾ ਦਾਤਾਰ ਹੈਂ ਤੇਰਾ ਹੀ ਦਿੱਤਾ ਹੋਇਆ ਖਾਂਦੇ ਹਨ,
28338	652	ਭਗਤ ਜਨਾ ਕੈ ਸੰਗਿ ਪਾਪ ਗਵਾਵਣਾ॥		Bhagath Janaa Kai Sang Paap Gavaavanaa ||	In the congregation of the devotees, sins are eradicated.	ਤੇ ਭਗਤਾਂ ਦੀ ਸੰਗਤਿ ਵਿਚ ਆਪਣੇ ਪਾਪ ਦੂਰ ਕਰਦੇ ਹਨ।

28339	652	ਜਨ ਨਾਨਕ ਸਦ ਬਲਿਹਾਰੈ ਬਲਿ ਬਲਿ ਜਾਵਣਾ॥੨੫॥		Jan Naanak Sadh Balihaarai Bal Bal Jaavanaa ||25||	Servant Nanak is forever a sacrifice, a sacrifice, a sacrifice, O Lord. ||25||	ਹੇ ਦਾਸ ਨਾਨਕ! (ਉਹਨਾਂ ਭਗਤ ਜਨਾਂ ਤੋਂ) ਸਦਾ ਸਦਕੇ ਹੋ, ਸਦਕੇ ਹੋ ॥੨੫॥
28340	652	ਸਲੋਕੁ ਮਃ ੪॥		Salok Ma 4 ||	Shalok, Fourth Mehl:	
28341	652	ਅੰਤਰਿ ਅਗਿਆਨੁ ਭਈ ਮਤਿ ਮਧਿਮ ਸਤਿਗੁਰ ਕੀ ਪਰਤੀਤਿ ਨਾਹੀ॥	(ਮਧਿਮ) ਨੀਵੀਂ	Anthar Agiaan Bhee Math Madhhim Sathigur Kee Paratheeth Naahee ||	He has spiritual ignorance within, and his intellect is dull and dim; he does not place his faith in the True Guru.	(ਮਨਮੁਖ ਦੇ) ਹਿਰਦੇ ਵਿਚ ਅਗਿਆਨ ਹੈ, (ਉਸ ਦੀ) ਅਕਲਿ ਹੋਛੀ ਹੁੰਦੀ ਹੈ ਤੇ ਸਤਿਗੁਰੂ ਉਤੇ ਉਸ ਨੂੰ ਸਿਦਕ ਨਹੀਂ ਹੁੰਦਾ;
28342	652	ਅੰਦਰਿ ਕਪਟੁ ਸਭੁ ਕਪਟੋ ਕਰਿ ਜਾਣੈ ਕਪਟੇ ਖਪਹਿ ਖਪਾਹੀ॥		Andhar Kapatt Sabh Kapatto Kar Jaanai Kapattae Khapehi Khapaahee ||	He has deceit within himself, and so he sees deception in all others; through his deceptions, he is totally ruined.	ਮਨ ਵਿਚ ਧੋਖਾ (ਹੋਣ ਕਰਕੇ ਸੰਸਾਰ ਵਿਚ ਭੀ) ਉਹ ਸਾਰਾ ਧੋਖਾ ਹੀ ਧੋਖਾ ਵਰਤਦਾ ਸਮਝਦਾ ਹੈ। (ਮਨਮੁਖ ਬੰਦੇ ਆਪ) ਦੁਖੀ ਹੁੰਦੇ ਹਨ (ਤੇ ਹੋਰਨਾਂ ਨੂੰ) ਦੁਖੀ ਕਰਦੇ ਹਨ;
28343	652	ਸਤਿਗੁਰ ਕਾ ਭਾਣਾ ਚਿਤਿ ਨ ਆਵੈ ਆਪਣੈ ਸੁਆਇ ਫਿਰਾਹੀ॥		Sathigur Kaa Bhaanaa Chith N Aavai Aapanai Suaae Firaahee ||	The True Guru's Will does not enter into his consciousness, and so he wanders around, pursuing his own interests.	ਸਤਿਗੁਰੂ ਦਾ ਹੁਕਮ ਉਹਨਾਂ ਦੇ ਚਿੱਤ ਵਿਚ ਨਹੀਂ ਆਉਂਦਾ (ਭਾਵ, ਭਾਣਾ ਨਹੀਂ ਮੰਨਦੇ) ਤੇ ਆਪਣੀ ਗ਼ਰਜ਼ ਦੇ ਪਿਛੇ ਭਟਕਦੇ ਫਿਰਦੇ ਹਨ;

28344	652	ਕਿਰਪਾ ਕਰੇ ਜੇ ਆਪਣੀ ਤਾ ਨਾਨਕ ਸਬਦਿ ਸਮਾਹੀ॥੧॥		Kirapaa Karae Jae Aapanee Thaa Naanak Sabadh Samaahee ||1||	If He grants His Grace, then Nanak is absorbed into the Word of the Shabad. ||1||	ਹੇ ਨਾਨਕ! ਜੇ ਹਰੀ ਆਪਣੀ ਮੇਹਰ ਕਰੇ, ਤਾਂ ਹੀ ਉਹ ਗੁਰੂ ਦੇ ਸ਼ਬਦ ਵਿਚ ਲੀਨ ਹੁੰਦੇ ਹਨ ॥੧॥
28345	652	ਮਃ ੪॥		Ma 4 ||	Fourth Mehl:	
28346	652	ਮਨਮੁਖ ਮਾਇਆ ਮੋਹ ਵਿਆਪੇ ਦੂਜੈ ਭਾਇ ਮਨੂਆ ਥਿਰੁ ਨਾਹਿ॥		Manamukh Maaeiaa Mohi Viaapae Dhoojai Bhaae Manooaa Thhir Naahi ||	The self-willed manmukhs are engrossed in emotional attachment to Maya; in the love of duality, their minds are unsteady.	ਮਾਇਆ ਦੇ ਮੋਹ ਵਿਚ ਗ੍ਰਸੇ ਹੋਏ ਮਨਮੁਖਾਂ ਦਾ ਮਨ ਮਾਇਆ ਦੇ ਪਿਆਰ ਵਿਚ ਇਕ ਥਾਂ ਨਹੀਂ ਟਿਕਦਾ।
28347	652	ਅਨਦਿਨੁ ਜਲਤ ਰਹਹਿ ਦਿਨੁ ਰਾਤੀ ਹਉਮੈ ਖਪਹਿ ਖਪਾਹਿ॥		Anadhin Jalath Rehehi Dhin Raathee Houmai Khapehi Khapaahi ||	Night and day, they are burning; day and night, they are totally ruined by their egotism.	ਹਰ ਵੇਲੇ ਦਿਨ ਰਾਤ (ਮਾਇਆ ਵਿਚ) ਸੜਦੇ ਰਹਿੰਦੇ ਹਨ। ਅਹੰਕਾਰ ਵਿਚ ਆਪ ਦੁਖੀ ਹੁੰਦੇ ਹਨ, ਹੋਰਨਾਂ ਨੂੰ ਦੁਖੀ ਕਰਦੇ ਹਨ।
28348	652	ਅੰਤਰਿ ਲੋਭੁ ਮਹਾ ਗੁਬਾਰਾ ਤਿਨ ਕੈ ਨਿਕਟਿ ਨ ਕੋਈ ਜਾਹਿ॥		Anthar Lobh Mehaa Gubaaraa Thin Kai Nikatt N Koee Jaahi ||	Within them, is the total pitch darkness of greed, and no one even approaches them.	ਉਹਨਾਂ ਦੇ ਅੰਦਰ ਲੋਭ-ਰੂਪ ਵੱਡਾ ਹਨੇਰਾ ਹੁੰਦਾ ਹੈ, ਕੋਈ ਮਨੁੱਖ ਉਹਨਾਂ ਦੇ ਨੇੜੇ ਨਹੀਂ ਢੁਕਦਾ।

28349	652	ਓਇ ਆਪਿ ਦੁਖੀ ਸੁਖੁ ਕਬਹੂ ਨ ਪਾਵਹਿ ਜਨਮਿ ਮਰਹਿ ਮਰਿ ਜਾਹਿ॥		Oue Aap Dhukhee Sukh Kabehoo N Paavehi Janam Marehi Mar Jaahi ||	They themselves are miserable, and they never find peace; they are born, only to die, and die again.	ਉਹ ਆਪਣੇ ਆਪ ਹੀ ਦੁਖੀ ਰਹਿੰਦੇ ਹਨ, ਕਦੇ ਸੁਖੀ ਨਹੀਂ ਹੁੰਦੇ, ਸਦਾ ਜੰਮਣ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ।
28350	652	ਨਾਨਕ ਬਖਸਿ ਲਏ ਪ੍ਰਭੁ ਸਾਚਾ ਜਿ ਗੁਰ ਚਰਨੀ ਚਿਤੁ ਲਾਹਿ॥੨॥		Naanak Bakhas Leae Prabh Saachaa J Gur Charanee Chith Laahi ||2||	O Nanak, the True Lord God forgives those, who focus their consciousness on the Guru's feet. ||2||	ਹੇ ਨਾਨਕ! ਜੇ ਉਹ ਗੁਰੂ ਦੇ ਚਰਨਾਂ ਵਿਚ ਚਿੱਤ ਜੋੜਨ, ਤਾਂ ਸੱਚਾ ਹਰੀ ਉਹਨਾਂ ਨੂੰ ਬਖ਼ਸ਼ ਲਏ ॥੨॥
28351	652	ਪਉੜੀ॥		Pourree ||	Pauree:	
28352	652	ਸੰਤ ਭਗਤ ਪਰਵਾਣੁ ਜੋ ਪ੍ਰਭਿ ਭਾਇਆ॥		Santh Bhagath Paravaan Jo Prabh Bhaaeiaa ||	That Saint, that devotee, is acceptable, who is loved by God.	ਜੋ ਮਨੁੱਖ ਪ੍ਰਭੂ ਨੂੰ ਪਿਆਰੇ ਹਨ, ਉਹ ਸੰਤ ਹਨ, ਭਗਤ ਹਨ ਉਹੀ ਕਬੂਲ ਹਨ।
28353	652	ਸੇਈ ਬਿਚਖਣ ਜੰਤ ਜਿਨੀ ਹਰਿ ਧਿਆਇਆ॥	ਬਿ-ਚੱਖਣ	Saeee Bichakhan Janth Jinee Har Dhhiaaeiaa ||	Those beings are wise, who meditate on the Lord.	ਉਹੋ ਮਨੁੱਖ ਸਿਆਣੇ ਹਨ ਜੋ ਹਰੀ-ਨਾਮ ਸਿਮਰਦੇ ਹਨ।
28354	652	ਅੰਮ੍ਰਿਤੁ ਨਾਮੁ ਨਿਧਾਨੁ ਭੋਜਨੁ ਖਾਇਆ॥		Anmrith Naam Nidhhaan Bhojan Khaaeiaa ||	They eat the food, the treasure of the Ambrosial Naam, the Name of the Lord.	ਆਤਮਕ ਜੀਵਨ ਦੇਣ ਵਾਲਾ ਨਾਮ ਖ਼ਜ਼ਾਨਾ-ਰੂਪ ਭੋਜਨ ਖਾਂਦੇ ਹਨ,

28355	652	ਸੰਤ ਜਨਾ ਕੀ ਧੂਰਿ ਮਸਤਕਿ ਲਾਇਆ॥		Santh Janaa Kee Dhhoor Masathak Laaeiaa ||	They apply the dust of the feet of the Saints to their foreheads.	ਤੇ ਸੰਤਾਂ ਦੀ ਚਰਨ-ਧੂੜ ਆਪਣੇ ਮੱਥੇ ਤੇ ਲਾਂਦੇ ਹਨ।
28356	653	ਨਾਨਕ ਭਏ ਪੁਨੀਤ ਹਰਿ ਤੀਰਥਿ ਨਾਇਆ॥੨੬॥	ਨ੍ਹਾਇਆ	Naanak Bheae Puneeth Har Theerathh Naaeiaa ||26||	O Nanak, they are purified, bathing in the sacred shrine of the Lord. ||26||	ਹੇ ਨਾਨਕ! (ਇਹੋ ਜਿਹੇ ਮਨੁੱਖ) ਹਰੀ (ਦੇ ਭਜਨ-ਰੂਪ) ਤੀਰਥ ਤੇ ਨ੍ਹਾਉਂਦੇ ਹਨ ਤੇ ਪਵਿੱਤ੍ਰ ਹੋ ਜਾਂਦੇ ਹਨ ॥੨੬॥
28357	653	ਸਲੋਕੁ ਮਃ ੪॥		Salok Ma 4 ||	Shalok, Fourth Mehl:	
28358	653	ਗੁਰਮੁਖਿ ਅੰਤਰਿ ਸਾਂਤਿ ਹੈ ਮਨਿ ਤਨਿ ਨਾਮਿ ਸਮਾਇ॥		Guramukh Anthar Saanth Hai Man Than Naam Samaae ||	Within the Gurmukh is peace and tranquility; his mind and body are absorbed in the Naam, the Name of the Lord.	ਜੇ ਮਨੁੱਖ ਸਤਿਗੁਰੂ ਦੇ ਸਨਮੁਖ ਹੈ ਉਸ ਦੇ ਅੰਦਰ ਠੰਢ ਹੈ ਤੇ ਉਹ ਮਨੋਂ ਤਨੋਂ ਨਾਮ ਵਿਚ ਲੀਨ ਰਹਿੰਦੀ ਹੈ।
28359	653	ਨਾਮੋ ਚਿਤਵੈ ਨਾਮੁ ਪੜੈ ਨਾਮਿ ਰਹੈ ਲਿਵ ਲਾਇ॥		Naamo Chithavai Naam Parrai Naam Rehai Liv Laae ||	He contemplates the Naam, he studies the Naam, and he remains lovingly absorbed in the Naam.	ਉਹ ਨਾਮ ਹੀ ਚਿਤਾਰਦਾ ਹੈ, ਨਾਮ ਹੀ ਪੜ੍ਹਦਾ ਹੈ ਤੇ ਨਾਮ ਵਿਚ ਹੀ ਬ੍ਰਿਤੀ ਜੋੜੀ ਰੱਖਦਾ ਹੈ।
28360	653	ਨਾਮੁ ਪਦਾਰਥੁ ਪਾਇਆ ਚਿੰਤਾ ਗਈ ਬਿਲਾਇ॥		Naam Padhaarathh Paaeiaa Chinthaa Gee Bilaae ||	He obtains the treasure of the Naam, and his anxiety is dispelled.	ਨਾਮ (ਰੂਪ) ਸੁੰਦਰ ਵਸਤ ਲੱਭ ਕੇ ਉਸ ਦੀ ਚਿੰਤਾ ਦੂਰ ਹੋ ਜਾਂਦੀ ਹੈ।

28361	653	ਸਤਿਗੁਰਿ ਮਿਲਿਐ ਨਾਮੁ ਊਪਜੈ ਤਿਸਨਾ ਭੁਖ ਸਭ ਜਾਇ॥		Sathigur Miliai Naam Oopajai Thisanaa Bhukh Sabh Jaae ||	Meeting with the Guru, the Naam wells up, and his thirst and hunger are completely relieved.	ਜੇ ਗੁਰੂ ਮਿਲ ਪਏ ਤਾਂ ਨਾਮ (ਹਿਰਦੇ ਵਿਚ) ਪੁੰਗਰਦਾ ਹੈ, ਤ੍ਰਿਸ਼ਨਾ ਦੂਰ ਹੋ ਜਾਂਦੀ ਹੈ (ਮਾਇਆ ਦੀ) ਭੁੱਖ ਸਾਰੀ ਦੂਰ ਹੋ ਜਾਂਦੀ ਹੈ।
28362	653	ਨਾਨਕ ਨਾਮੇ ਰਤਿਆ ਨਾਮੋ ਪਲੈ ਪਾਇ॥੧॥	ਰੱਤਿਆ	Naanak Naamae Rathiaa Naamo Palai Paae ||1||	O Nanak, imbued with the Naam, he gathers in the Naam. ||1||	ਹੇ ਨਾਨਕ! ਨਾਮ ਵਿਚ ਰੰਗੇ ਜਾਣ ਕਰਕੇ ਨਾਮ ਹੀ (ਹਿਰਦੇ-ਰੂਪ) ਪੱਲੇ ਵਿਚ ਉੱਕਰਿਆ ਜਾਂਦਾ ਹੈ ॥੧॥
28363	653	ਮਃ ੪॥		Ma 4 ||	Fourth Mehl:	
28364	653	ਸਤਿਗੁਰ ਪੁਰਖਿ ਜਿ ਮਾਰਿਆ ਭ੍ਰਮਿ ਭ੍ਰਮਿਆ ਘਰੁ ਛੋਡਿ ਗਇਆ॥		Sathigur Purakh J Maariaa Bhram Bhramiaa Ghar Shhodd Gaeiaa ||	One who is cursed by the True Guru, abandons his home, and wanders around aimlessly.	ਜੋ ਮਨੁੱਖ ਗੁਰੂ ਪਰਮੇਸਰ ਵਲੋਂ ਮਾਰਿਆ ਹੋਇਆ ਹੈ (ਭਾਵ, ਜਿਸਨੂੰ ਰੱਬ ਵਾਲੇ ਪਾਸੇ ਤੋਂ ਉੱਕਾ ਹੀ ਨਫ਼ਰਤ ਹੈ) ਉਹ ਭਰਮ ਵਿਚ ਭਟਕਦਾ ਹੋਇਆ ਆਪਣੇ ਟਿਕਾਣੇ ਤੋਂ ਹਿੱਲ ਜਾਂਦਾ ਹੈ।
28365	653	ਓਸੁ ਪਿਛੈ ਵਜੈ ਫਕੜੀ ਮੁਹੁ ਕਾਲਾ ਆਗੈ ਭਇਆ॥	(ਫੱਕੜੀ) ਭੰਡੀ	Ous Pishhai Vajai Fakarree Muhu Kaalaa Aagai Bhaeiaa ||	He is jeered at, and his face is blackened in the world hereafter.	ਉਸ ਦੇ ਪਿੱਛੇ ਲੋਕ ਫੱਕੜੀ ਵਜਾਂਦੇ ਹਨ, ਤੇ ਅੱਗੇ (ਜਿਥੇ ਜਾਂਦਾ ਹੈ) ਮੁਕਾਲਖ ਖੱਟਦਾ ਹੈ।

28366	653	ਓਸੁ ਅਰਲੁ ਬਰਲੁ ਮੁਹਹੁ ਨਿਕਲੈ ਨਿਤ ਝਗੂ ਸੁਟਦਾ ਮੁਆ॥		Ous Aral Baral Muhahu Nikalai Nith Jhagoo Suttadhaa Muaa ||	He babbles incoherently, and foaming at the mouth, he dies.	ਉਸ ਦੇ ਮੂੰਹੋਂ ਨਿਰਾ ਬਕਵਾਸ ਹੀ ਨਿਕਲਦਾ ਹੈ ਉਹ ਸਦਾ ਨਿੰਦਾ ਕਰ ਕੇ ਹੀ ਦੁੱਖੀ ਹੁੰਦਾ ਰਹਿੰਦਾ ਹੈ।
28367	653	ਕਿਆ ਹੋਵੈ ਕਿਸੈ ਹੀ ਦੈ ਕੀਤੈ ਜਾਂ ਧੁਰਿ ਕਿਰਤੁ ਓਸ ਦਾ ਏਹੋ ਜੇਹਾ ਪਇਆ॥		Kiaa Hovai Kisai Hee Dhai Keethai Jaan Dhhur Kirath Ous Dhaa Eaeho Jaehaa Paeiaa ||	What can anyone do? Such is his destiny, according to his past deeds.	ਕਿਸੇ ਦੇ ਭੀ ਕੀਤਿਆਂ ਕੁਝ ਨਹੀਂ ਹੋ ਸਕਦਾ (ਭਾਵ, ਕੋਈ ਉਸ ਨੂੰ ਸੁਮੱਤ ਨਹੀਂ ਦੇ ਸਕਦਾ), ਕਿਉਂਕਿ ਮੁੱਢ ਤੋਂ (ਕੀਤੇ ਮੰਦੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਹੁਣ ਭੀ) ਇਹੋ ਜਿਹੀ (ਭਾਵ, ਨਿੰਦਾ ਦੀ ਮੰਦੀ) ਕਮਾਈ ਕਰਨੀ ਪਈ ਹੈ।
28368	653	ਜਿਥੈ ਓਹੁ ਜਾਇ ਤਿਥੈ ਓਹੁ ਝੂਠਾ ਕੂੜੁ ਬੋਲੇ ਕਿਸੈ ਨ ਭਾਵੈ॥		Jithhai Ouhu Jaae Thithhai Ouhu Jhoothaa Koorr Bolae Kisai N Bhaavai ||	Wherever he goes, he is a liar, and by telling lies, he not liked by anyone.	ਉਹ (ਮਨਮੁਖ) ਜਿਥੇ ਜਾਂਦਾ ਹੈ ਉਥੇ ਹੀ ਝੂਠਾ ਹੁੰਦਾ ਹੈ, ਝੂਠ ਬੋਲਦਾ ਹੈ ਤੇ ਕਿਸੇ ਨੂੰ ਚੰਗਾ ਨਹੀਂ ਲੱਗਦਾ।
28369	653	ਵੇਖਹੁ ਭਾਈ ਵਡਿਆਈ ਹਰਿ ਸੰਤਹੁ ਸੁਆਮੀ ਅਪੁਨੇ ਕੀ ਜੈਸਾ ਕੋਈ ਕਰੈ ਤੈਸਾ ਕੋਈ ਪਾਵੈ॥		Vaekhahu Bhaaee Vaddiaaee Har Santhahu Suaamee Apunae Kee Jaisaa Koee Karai Thaisaa Koee Paavai ||	O Siblings of Destiny, behold this, the glorious greatness of our Lord and Master, O Saints; as one behaves, so does he receive.	ਹੇ ਸੰਤ ਜਨੋ! ਪਿਆਰੇ ਮਾਲਕ ਪ੍ਰਭੂ ਦੀ ਵਡਿਆਈ ਵੇਖੋ, ਕਿ ਜਿਹੋ ਜਿਹੀ ਕੋਈ ਕਮਾਈ ਕਰਦਾ ਹੈ, ਉਹੋ ਜਿਹਾ ਉਸ ਨੂੰ ਫਲ ਮਿਲਦਾ ਹੈ।

28370	653	ਏਹੁ ਬ੍ਰਹਮ ਬੀਚਾਰ ਹੋਵੈ ਦਰਿ ਸਾਚੈ ਅਗੋ ਦੇ ਜਨੁ ਨਾਨਕੁ ਆਖਿ ਸੁਣਾਵੈ॥੨॥		Eaehu Breham Beechaar Hovai Dhar Saachai Ago Dhae Jan Naanak Aakh Sunaavai ||2||	This shall be God's determination in His True Court; servant Nanak predicts and proclaims this. ||2||	ਇਹ ਸੱਚੀ ਵਿਚਾਰ ਸੱਚੀ ਦਰਗਾਹ ਵਿਚ ਹੁੰਦੀ ਹੈ, ਦਾਸ ਨਾਨਕ ਪਹਿਲਾਂ ਹੀ ਤੁਹਾਨੂੰ ਆਖ ਕੇ ਸੁਣਾ ਰਿਹਾ ਹੈ (ਤਾਂ ਜੁ ਭਲਾ ਬੀਜ ਬੀਜ ਕੇ ਭਲੇ ਫਲ ਦੀ ਆਸ ਹੋ ਸਕੇ) ॥੨॥
28371	653	ਪਉੜੀ॥		Pourree ||	Pauree:	
28372	653	ਗੁਰਿ ਸਚੈ ਬਧਾ ਥੇਹੁ ਰਖਵਾਲੇ ਗੁਰਿ ਦਿਤੇ॥	ਬੱਧਾ	Gur Sachai Badhhaa Thhaehu Rakhavaalae Gur Dhithae ||	The True Guru has established the village; the Guru has appointed its guards and protectors.	ਸੱਚੇ ਸਤਿਗੁਰੂ ਨੇ (ਸਤਸੰਗ-ਰੂਪ) ਪਿੰਡ ਵਸਾਇਆ ਹੈ, (ਉਸ ਪਿੰਡ ਲਈ ਸਤਸੰਗੀ) ਰਾਖੇ ਭੀ ਸਤਿਗੁਰੂ ਨੇ ਹੀ ਦਿੱਤੇ ਹਨ।
28373	653	ਪੂਰਨ ਹੋਈ ਆਸ ਗੁਰ ਚਰਣੀ ਮਨ ਰਤੇ॥	ਰੱਤੇ	Pooran Hoee Aas Gur Charanee Man Rathae ||	My hopes are fulfilled, and my mind is imbued with the love of the Guru's Feet.	ਜਿਨ੍ਹਾਂ ਦੇ ਮਨ ਗੁਰੂ ਦੇ ਚਰਨਾਂ ਵਿਚ ਜੁੜੇ ਹਨ, ਉਹਨਾਂ ਦੀ ਆਸ ਪੂਰਨ ਹੋ ਗਈ ਹੈ (ਭਾਵ, ਤ੍ਰਿਸ਼ਨਾ ਮਿਟ ਗਈ ਹੈ)।
28374	653	ਗੁਰਿ ਕ੍ਰਿਪਾਲਿ ਬੇਅੰਤਿ ਅਵਗੁਣ ਸਭਿ ਹਤੇ॥	(ਹਤੇ) ਨਾਸ ਕਰ ਦਿਤ। ਹਤੇ:ਪੋਲਾ ਬੋਲੋ	Gur Kirapaal Baeanth Avagun Sabh Hathae ||	The Guru is infinitely merciful; He has erased all my sins.	ਦਿਆਲ ਤੇ ਬੇਅੰਤ ਗੁਰੂ ਨੇ ਉਹਨਾਂ ਦੇ ਸਾਰੇ ਪਾਪ ਨਾਸ ਕਰ ਦਿੱਤੇ ਹਨ।
28375	653	ਗੁਰਿ ਅਪਣੀ ਕਿਰਪਾ ਧਾਰਿ ਅਪਣੇ ਕਰਿ ਲਿਤੇ॥	ਲਿੱਤੇ	Gur Apanee Kirapaa Dhhaar Apanae Kar Lithae ||	The Guru has showered me with His Mercy, and He has made me His own.	ਆਪਣੀ ਮੇਹਰ ਕਰ ਕੇ ਸਤਿਗੁਰੂ ਨੇ ਉਹਨਾਂ ਨੂੰ ਆਪਣਾ ਬਣਾ ਲਿਆ ਹੈ।

28376	653	ਨਾਨਕ ਸਦ ਬਲਿਹਾਰ ਜਿਸੁ ਗੁਰ ਕੇ ਗੁਣ ਇਤੇ॥੨੭॥	(ਇਤੇ) ਇਤਨੇ। ਇਤੇ:ਪੋਲਾ ਬੋਲੋ	Naanak Sadh Balihaar Jis Gur Kae Gun Eithae ||27||	Nanak is forever a sacrifice to the Guru, who has countless virtues. ||27||	ਹੇ ਨਾਨਕ! ਮੈਂ ਸਦਾ ਉਸ ਸਤਿਗੁਰੂ ਤੋਂ ਸਦਕੇ ਹਾਂ, ਜਿਸ ਵਿਚ ਇਤਨੇ ਗੁਣ ਹਨ ॥੨੭॥
28377	653	ਸਲੋਕ ਮਃ ੧॥		Salok Ma 1 ||	Shalok, First Mehl:	
28378	653	ਤਾ ਕੀ ਰਜਾਇ ਲੇਖਿਆ ਪਾਇ ਅਬ ਕਿਆ ਕੀਜੈ ਪਾਂਡੇ॥		Thaa Kee Rajaae Laekhiaa Paae Ab Kiaa Keejai Paanddae ||	By His Command, we receive our pre-ordained rewards; so what can we do now, O Pandit?	ਹੇ ਪੰਡਿਤ! ਐਸ ਵੇਲੇ (ਝੁਰਿਆਂ) ਕੁਝ ਨਹੀਂ ਬਣਦਾ; ਪ੍ਰਭੂ ਦੀ ਰਜ਼ਾ ਵਿਚ (ਆਪਣੇ ਹੀ ਪਿਛਲੇ ਕੀਤੇ ਅਨੁਸਾਰ) ਲਿਖਿਆ (ਲੇਖ) ਪਾਈਦਾ ਹੈ;
28379	653	ਹੁਕਮੁ ਹੋਆ ਹਾਸਲੁ ਤਦੇ ਹੋਇ ਨਿਬੜਿਆ ਹੰਢਹਿ ਜੀਅ ਕਮਾਂਦੇ॥੧॥	(ਹਾਸਲੁ) ਪ੍ਰਾਪਤ। (ਹੰਢਹਿ) ਕਸ਼ਟ ਭੋਗਰਹੇ ਹਨ। ਨਿੱਬੜਿਆ	Hukam Hoaa Haasal Thadhae Hoe Nibarriaa Handtehi Jeea Kamaandhae ||1||	When His Command is received, then it is decided; all beings move and act accordingly. ||1||	ਜਦੋਂ ਪ੍ਰਭੂ ਦਾ ਹੁਕਮ ਹੋਇਆ ਤਦੋਂ ਇਹ ਫ਼ੈਸਲਾ ਹੋਇਆ ਤੇ (ਉਸ ਲੇਖ-ਅਨੁਸਾਰ) ਜੀਵ (ਕਰਮ) ਕਮਾਂਦੇ ਫਿਰਦੇ ਹਨ ॥੧॥
28380	653	ਮਃ ੨॥		Ma 2 ||	Second Mehl:	
28381	653	ਨਕਿ ਨਥ ਖਸਮ ਹਥ ਕਿਰਤੁ ਧਕੇ ਦੇ॥	ਨੱਕਿ ਨੱਥ	Nak Nathh Khasam Hathh Kirath Dhhakae Dhae ||	The string through the nose is in the hands of the Lord Master; one's own actions drive him on.	ਜੀਵ ਦੇ ਨੱਕ ਵਿਚ (ਰਜ਼ਾ ਦੀ) ਨੱਥ (ਨਕੇਲ) ਹੈ ਜੋ ਖਸਮ ਪ੍ਰਭੂ ਦੇ (ਆਪਣੇ) ਹੱਥ ਵਿਚ ਹੈ, ਪਿਛਲੇ ਕੀਤੇ ਹੋਏ ਕੰਮਾਂ ਅਨੁਸਾਰ ਬਣਿਆ ਸੁਭਾਉ ਹੁਣ ਧੱਕ ਕੇ ਚਲਾ ਰਿਹਾ ਹੈ।

28382	653	ਜਹਾ ਦਾਣੇ ਤਹਾਂ ਖਾਣੇ ਨਾਨਕਾ ਸਚੁ ਹੇ॥੨॥		Jehaa Dhaanae Thehaan Khaanae Naanakaa Sach Hae ||2||	Wherever his food is, there he eats it; O Nanak, this is the Truth. ||2||	ਹੇ ਨਾਨਕ! ਸੱਚ ਇਹ ਹੈ ਕਿ ਜਿਥੇ ਜੀਵ ਦਾ ਦਾਣਾ-ਪਾਣੀ ਹੁੰਦਾ ਹੈ ਉਥੇ ਖਾਣਾ ਪੈਂਦਾ ਹੈ ॥੨॥
28383	653	ਪਉੜੀ॥		Pourree ||	Pauree:	
28384	653	ਸਭੇ ਗਲਾ ਆਪਿ ਥਾਟਿ ਬਹਾਲੀਓਨੁ॥		Sabhae Galaa Aap Thhaatt Behaaleeoun ||	The Lord Himself puts everything in its proper place.	ਪ੍ਰਭੂ ਨੇ ਆਪ ਹੀ ਸਾਰੀਆਂ (ਜਗਤ-) ਵਿਓਂਤਾਂ ਬਣਾ ਕੇ ਕਾਇਮ ਕੀਤੀਆਂ ਹਨ;
28385	653	ਆਪੇ ਰਚਨੁ ਰਚਾਇ ਆਪੇ ਹੀ ਘਾਲਿਓਨੁ॥		Aapae Rachan Rachaae Aapae Hee Ghaalioun ||	He Himself created the creation, and He Himself destroys it.	ਆਪ ਹੀ ਸੰਸਾਰ ਦੀ ਰਚਨਾ ਰਚ ਕੇ ਆਪ ਹੀ ਨਾਸ ਕਰਦਾ ਹੈ;
28386	653	ਆਪੇ ਜੰਤ ਉਪਾਇ ਆਪਿ ਪ੍ਰਤਿਪਾਲਿਓਨੁ॥		Aapae Janth Oupaae Aap Prathipaalioun ||	He Himself fashions His creatures, and He Himself nourishes them.	ਆਪ ਹੀ ਜੀਵਾਂ ਨੂੰ ਪੈਦਾ ਕਰਦਾ ਹੈ ਤੇ ਆਪੇ ਹੀ ਪਾਲਦਾ ਹੈ;
28387	653	ਦਾਸ ਰਖੇ ਕੰਠਿ ਲਾਇ ਨਦਰਿ ਨਿਹਾਲਿਓਨੁ॥		Dhaas Rakhae Kanth Laae Nadhar Nihaalioun ||	He hugs His slaves close in His embrace, and blesses them with His Glance of Grace.	ਆਪੇ ਹੀ ਆਪਣੇ ਸੇਵਕਾਂ ਨੂੰ ਗਲ ਲਾ ਕੇ ਰੱਖਦਾ ਹੈ, ਆਪ ਹੀ ਮੇਹਰ ਦੀ ਨਜ਼ਰ ਨਾਲ ਵੇਖਦਾ ਹੈ।

28388	653	ਨਾਨਕ ਭਗਤਾ ਸਦਾ ਅਨੰਦੁ ਭਾਉ ਦੂਜਾ ਜਾਲਿਓਨੁ॥੨੮॥		Naanak Bhagathaa Sadhaa Anandh Bhaao Dhoojaa Jaalioun ||28||	O Nanak, His devotees are forever in bliss; they have burnt away the love of duality. ||28||	ਹੇ ਨਾਨਕ! ਭਗਤਾਂ ਨੂੰ ਸਦਾ ਪ੍ਰਸੰਨਤਾ ਰਹਿੰਦੀ ਹੈ, (ਕਿਉਂਕਿ) ਉਹਨਾਂ ਦਾ ਮਾਇਆ ਦਾ ਪਿਆਰ ਉਸ ਪ੍ਰਭੂ ਨੇ ਆਪ ਸਾੜ ਦਿੱਤਾ ਹੈ ॥੨੮॥
28389	653	ਸਲੋਕੁ ਮਃ ੩॥		Salok Ma 3 ||	Shalok, Third Mehl:	
28390	653	ਏ ਮਨ ਹਰਿ ਜੀ ਧਿਆਇ ਤੂ ਇਕ ਮਨਿ ਇਕ ਚਿਤਿ ਭਾਇ॥		Eae Man Har Jee Dhhiaae Thoo Eik Man Eik Chith Bhaae ||	O mind, meditate on the Dear Lord, with single-minded conscious concentration.	ਹੇ ਮਨ! ਪਿਆਰ ਨਾਲ ਇਕਾਗ੍ਰ ਚਿੱਤ ਹੋ ਕੇ ਹਰੀ ਦਾ ਸਿਮਰਨ ਕਰ;
28391	653	ਹਰਿ ਕੀਆ ਸਦਾ ਸਦਾ ਵਡਿਆਈਆ ਦੇਇ ਨ ਪਛੋਤਾਇ॥		Har Keeaa Sadhaa Sadhaa Vaddiaaeeaa Dhaee N Pashhothaae ||	The glorious greatness of the Lord shall last forever and ever; He never regrets what He gives.	ਹਰੀ ਵਿਚ ਇਹ ਸਦਾ ਲਈ ਗੁਣ ਹਨ ਕਿ ਦਾਤ ਬਖ਼ਸ਼ ਕੇ ਪਛੁਤਾਉਂਦਾ ਨਹੀਂ।
28392	653	ਹਉ ਹਰਿ ਕੈ ਸਦ ਬਲਿਹਾਰਣੈ ਜਿਤੁ ਸੇਵਿਐ ਸੁਖੁ ਪਾਇ॥		Ho Har Kai Sadh Balihaaranai Jith Saeviai Sukh Paae ||	I am forever a sacrifice to the Lord; serving Him, peace is obtained.	ਮੈਂ ਹਰੀ ਤੋਂ ਸਦਾ ਕੁਰਬਾਨ ਹਾਂ, ਜਿਸ ਦੀ ਸੇਵਾ ਕੀਤਿਆਂ ਸੁਖ ਮਿਲਦਾ ਹੈ;

28393	653	ਨਾਨਕ ਗੁਰਮੁਖਿ ਮਿਲਿ ਰਹੈ ਹਉਮੈ ਸਬਦਿ ਜਲਾਇ॥੧॥		Naanak Guramukh Mil Rehai Houmai Sabadh Jalaae ||1||	O Nanak, the Gurmukh remains merged with the Lord; he burns away his ego through the Word of the Shabad. ||1||	ਹੇ ਨਾਨਕ! ਗੁਰਮੁਖ ਜਨ ਅਹੰਕਾਰ ਨੂੰ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਸਾੜ ਕੇ ਹਰੀ ਵਿਚ ਮਿਲੇ ਰਹਿੰਦੇ ਹਨ ॥੧॥
28394	653	ਮਃ ੩॥		Ma 3 ||	Third Mehl:	
28395	653	ਆਪੇ ਸੇਵਾ ਲਾਇਅਨੁ ਆਪੇ ਬਖਸ ਕਰੇਇ॥		Aapae Saevaa Laaeian Aapae Bakhas Karaee ||	He Himself enjoins us to serve Him, and He Himself blesses us with forgiveness.	ਹਰੀ ਨੇ ਆਪ ਹੀ ਮਨੁੱਖਾਂ ਨੂੰ ਸੇਵਾ ਵਿਚ ਲਾਇਆ ਹੈ, ਆਪ ਹੀ ਬਖ਼ਸ਼ਸ਼ ਕਰਦਾ ਹੈ,
28396	653	ਸਭਨਾ ਕਾ ਮਾ ਪਿਉ ਆਪਿ ਹੈ ਆਪੇ ਸਾਰ ਕਰੇਇ॥		Sabhanaa Kaa Maa Pio Aap Hai Aapae Saar Karaee ||	He Himself is the father and mother of all; He Himself cares for us.	ਆਪ ਹੀ ਸਭਨਾਂ ਦਾ ਮਾਂ ਪਿਉ ਹੈ ਤੇ ਆਪ ਹੀ ਸਭ ਦੀ ਸੰਭਾਲ ਕਰਦਾ ਹੈ।
28397	653	ਨਾਨਕ ਨਾਮੁ ਧਿਆਇਨਿ ਤਿਨ ਨਿਜ ਘਰਿ ਵਾਸੁ ਹੈ ਜੁਗੁ ਜੁਗੁ ਸੋਭਾ ਹੋਇ॥੨॥		Naanak Naam Dhhiaaein Thin Nij Ghar Vaas Hai Jug Jug Sobhaa Hoe ||2||	O Nanak, those who meditate on the Naam, the Name of the Lord, abide in the home of their inner being; they are honored throughout the ages. ||2||	ਹੇ ਨਾਨਕ! ਜੋ ਮਨੁੱਖ ਨਾਮ ਜਪਦੇ ਹਨ, ਉਹ ਆਪਣੇ ਟਿਕਾਣੇ ਤੇ ਟਿਕੇ ਹੁੰਦੇ ਹਨ, ਹਰੇਕ ਜੁਗ ਵਿਚ ਉਹਨਾਂ ਦੀ ਸੋਭਾ ਹੁੰਦੀ ਹੈ ॥੨॥
28398	653	ਪਉੜੀ॥		Pourree ||	Pauree:	

28399	653	ਤੂ ਕਰਣ ਕਾਰਣ ਸਮਰਥੁ ਹਹਿ ਕਰਤੇ ਮੈ ਤੁਝ ਬਿਨੁ ਅਵਰੁ ਨ ਕੋਈ॥	ਸਮ-ਰੱਥੁ	Thoo Karan Kaaran Samarathh Hehi Karathae Mai Thujh Bin Avar N Koee ||	You are the Creator, all-powerful, able to do anything. Without You, there is no other at all.	ਹੇ ਕਰਤਾਰ! ਤੂੰ ਸਾਰੀ ਕੁਦਰਤਿ ਨੂੰ ਰਚਣ-ਜੋਗਾ ਹੈਂ; ਤੇਰੇ ਬਿਨਾ ਤੇਰੇ ਜੇਡਾ ਕੋਈ ਹੋਰ ਨਹੀਂ ਮੈਨੂੰ ਦਿੱਸਦਾ;
28400	654	ਤੁਧੁ ਆਪੇ ਸਿਸਟਿ ਸਿਰਜੀਆ ਆਪੇ ਫੁਨਿ ਗੋਈ॥		Thudhh Aapae Sisatt Sirajeeaa Aapae Fun Goee ||	You Yourself created the world, and You Yourself shall destroy it in the end.	ਤੂੰ ਆਪ ਹੀ ਸ੍ਰਿਸ਼ਟੀ ਨੂੰ ਪੈਦਾ ਕਰਦਾ ਹੈਂ ਤੇ ਆਪ ਹੀ ਫਿਰ ਨਾਸ ਕਰਦਾ ਹੈਂ।
28401	654	ਸਭੁ ਇਕੋ ਸਬਦੁ ਵਰਤਦਾ ਜੋ ਕਰੇ ਸੁ ਹੋਈ॥		Sabh Eiko Sabadh Varathadhaa Jo Karae S Hoee ||	The Word of Your Shabad alone is pervading everywhere; whatever You do, comes to pass.	ਸਭ ਥਾਈਂ (ਹਰੀ ਦਾ) ਹੀ ਹੁਕਮ ਵਰਤ ਰਿਹਾ ਹੈ; ਜੋ ਉਹ ਕਰਦਾ ਹੈ ਸੋਈ ਹੁੰਦਾ ਹੈ।
28402	654	ਵਡਿਆਈ ਗੁਰਮੁਖਿ ਦੇਇ ਪ੍ਰਭੁ ਹਰਿ ਪਾਵੈ ਸੋਈ॥		Vaddiaaee Guramukh Dhaee Prabh Har Paavai Soee ||	God blesses the Gurmukh with glorious greatness, and then, he finds the Lord.	ਜੋ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ, ਉਸ ਨੂੰ ਪ੍ਰਭੂ ਵਡਿਆਈ ਬਖ਼ਸ਼ਦਾ ਹੈ, ਉਹ ਉਸ ਹਰੀ ਨੂੰ ਮਿਲ ਪੈਂਦਾ ਹੈ।

28403	654	ਗੁਰਮੁਖਿ ਨਾਨਕ ਆਰਾਧਿਆ ਸਭਿ ਆਖਹੁ ਧੰਨੁ ਧੰਨੁ ਧੰਨੁ ਗੁਰੁ ਸੋਈ॥੨੯॥੧॥ ਸੁਧੁ	ਸੁੱਧੁ	Guramukh Naanak Aaraadhhiaa Sabh Aakhahu Dhhann Dhhann Dhhann Gur Soee ||29||1|| Sudhhu	As Gurmukh, Nanak worships and adores the Lord; let everyone proclaim, ""Blessed, blessed, blessed is He, the Guru!""||29||1||Sudh ||	ਹੇ ਨਾਨਕ! ਗੁਰੂ ਦੇ ਸਨਮੁਖ ਮਨੁੱਖ ਹਰੀ ਨੂੰ ਸਿਮਰਦੇ ਹਨ, (ਹੇ ਭਾਈ!) ਸਾਰੇ ਆਖੋ, ਕਿ ਉਹ ਸਤਿਗੁਰੂ, ਧੰਨ ਹੈ, ਧੰਨ ਹੈ, ਧੰਨ ਹੈ ॥੨੯॥੧॥ਸੁਧੁ{
28404	654	ਰਾਗੁ ਸੋਰਠਿ ਬਾਣੀ ਭਗਤ ਕਬੀਰ ਜੀ ਕੀ ਘਰੁ ੧		Raag Sorath Baanee Bhagath Kabeer Jee Kee Ghar 1	Raag Sorat'h, The Word Of Devotee Kabeer Jee, First House:	ਰਾਗ ਸੋਰਠਿ, ਘਰ ੧ ਵਿੱਚ ਭਗਤ ਕਬੀਰ ਜੀ ਦੀ ਬਾਣੀ।
28405	654	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
28406	654	ਬੁਤ ਪੂਜਿ ਪੂਜਿ ਹਿੰਦੂ ਮੂਏ ਤੁਰਕ ਮੂਏ ਸਿਰੁ ਨਾਈ॥	ਪੱਥਰ ਦੇ ਬੁੱਤ। (ਨਾਈ) ਝੁਕਾ ਕੇ	Buth Pooj Pooj Hindhoo Mooeae Thurak Mooeae Sir Naaee ||	Worshipping their idols, the Hindus die; the Muslims die bowing their heads.	ਹਿੰਦੂ ਲੋਕ ਬੁਤਾਂ ਦੀ ਪੂਜਾ ਕਰ ਕਰ ਕੇ ਖ਼ੁਆਰ ਹੋ ਰਹੇ ਹਨ, ਮੁਸਲਮਾਨ (ਰੱਬ ਨੂੰ ਮੱਕੇ ਵਿਚ ਹੀ ਸਮਝ ਕੇ ਉਧਰ) ਸਿਜਦੇ ਕਰ ਰਹੇ ਹਨ,

28407	654	ਓਇ ਲੇ ਜਾਰੇ ਓਇ ਲੇ ਗਾਡੇ ਤੇਰੀ ਗਤਿ ਦੁਹੂ ਨ ਪਾਈ॥੧॥		Oue Lae Jaarae Oue Lae Gaaddae Thaeree Gath Dhuhoo N Paaee ||1||	The Hindus cremate their dead, while the Muslims bury theirs; neither finds Your true state, Lord. ||1||	ਹਿੰਦੂਆਂ ਨੇ ਆਪਣੇ ਮੁਰਦੇ ਸਾੜ ਦਿੱਤੇ ਤੇ ਮੁਸਲਮਾਨਾਂ ਦੇ ਦੱਬ ਦਿੱਤੇ (ਇਸੇ ਵਿਚ ਹੀ ਝਗੜਦੇ ਰਹੇ ਕਿ ਸੱਚਾ ਕੌਣ ਹੈ)। (ਹੇ ਪ੍ਰਭੂ) ਤੂੰ ਕਿਹੋ ਜਿਹਾ ਹੈਂ? ਇਹ ਸਮਝ ਦੋਹਾਂ ਧਿਰਾਂ ਨੂੰ ਨਾਹ ਪਈ ॥੧॥
28408	654	ਮਨ ਰੇ ਸੰਸਾਰੁ ਅੰਧ ਗਹੇਰਾ॥		Man Rae Sansaar Andhh Gehaeraa ||	O mind, the world is a deep, dark pit.	ਹੇ ਮੇਰੇ ਮਨ! (ਅਗਿਆਨਤਾ ਦੇ ਕਾਰਨ) ਸਿਮਰਨ ਤੋਂ ਖੁੰਝ ਕੇ ਜਗਤ ਇਕ ਹਨੇਰਾ ਖਾਤਾ ਬਣਿਆ ਪਿਆ ਹੈ,
28409	654	ਚਹੁ ਦਿਸ ਪਸਰਿਓ ਹੈ ਜਮ ਜੇਵਰਾ॥੧॥ਰਹਾਉ॥		Chahu Dhis Pasariou Hai Jam Jaevaraa ||1|| Rehaao ||	On all four sides, Death has spread his net. ||1||Pause||	ਅਤੇ ਚੌਹੀਂ ਪਾਸੀਂ ਜਮਾਂ ਦੀ ਫਾਹੀ ਖਿਲਰੀ ਪਈ ਹੈ (ਭਾਵ, ਲੋਕ ਉਹ ਉਹ ਕੰਮ ਹੀ ਕਰ ਰਹੇ ਹਨ ਜਿਨ੍ਹਾਂ ਨਾਲ ਹੋਰ ਵਧੀਕ ਅਗਿਆਨਤਾ ਵਿਚ ਫਸਦੇ ਜਾਣ) ॥੧॥ ਰਹਾਉ ॥
28410	654	ਕਬਿਤ ਪੜੇ ਪੜਿ ਕਬਿਤਾ ਮੂਏ ਕਪੜ ਕੇਦਾਰੈ ਜਾਈ॥	(ਕੱਪੜ) ਲੀਰਾਂ ਦੀ ਗੋਦੜੀ ਪਹਿਨਣ ਵਾਲਾ ਕਾਪੜੀ ਫਿਰਕਾ। (ਕੇਦਾਰੈ) ਹਿਮਾਲੇ ਪਰਬਤ ਤੇ ਹਿੰਦੂ ਤੀਰਥ। ਕਬਿ-ਤ,ਕਬਿ-ਤਾ:ਪੋਲੇ ਬੋਲੋ। ਪੜੇ ਪੜਿ	Kabith Parrae Parr Kabithaa Mooeae Kaparr Kaedhaarai Jaaee ||	Reciting their poems, the poets die; the mystical ascetics die while journeying to Kaydaar Naat'h.	(ਵਿਦਵਾਨ) ਕਵੀ ਲੋਕ ਆਪੋ ਆਪਣੀ ਕਾਵਿ-ਰਚਨਾ ਪੜ੍ਹਨ (ਭਾਵ, ਵਿੱਦਿਆ ਦੇ ਮਾਣ) ਵਿਚ ਹੀ ਮਸਤ ਹਨ, ਕਾਪੜੀ (ਆਦਿਕ) ਸਾਧੂ ਕੇਦਾਰਾ (ਆਦਿਕ) ਤੀਰਥਾਂ ਤੇ ਜਾ ਜਾ ਕੇ ਜੀਵਨ ਵਿਅਰਥ ਗਵਾਉਂਦੇ ਹਨ;

28411	654	ਜਟਾ ਧਾਰਿ ਧਾਰਿ ਜੋਗੀ ਮੂਏ ਤੇਰੀ ਗਤਿ ਇਨਹਿ ਨ ਪਾਈ॥੨॥		Jattaa Dhhaar Dhhaar Jogee Mooeae Thaeree Gath Einehi N Paaee ||2||	The Yogis die, with their matted hair, but even they do not find Your state, Lord. ||2||	ਜੋਗੀ ਲੋਕ ਜਟਾ ਰੱਖ ਰੱਖ ਕੇ ਹੀ ਇਹ ਸਮਝਦੇ ਰਹੇ ਕਿ ਇਹੀ ਰਾਹ ਠੀਕ ਹੈ। (ਹੇ ਪ੍ਰਭੂ!) ਤੇਰੀ ਬਾਬਤ ਸੂਝ ਇਹਨਾਂ ਲੋਕਾਂ ਨੂੰ ਭੀ ਨਾਹ ਪਈ ॥੨॥
28412	654	ਦਰਬੁ ਸੰਚਿ ਸੰਚਿ ਰਾਜੇ ਮੂਏ ਗਡਿ ਲੇ ਕੰਚਨ ਭਾਰੀ॥	ਜਿਨ੍ਹਾਂ ਨੇ ਬਹੁਤ ਭਾਰੀ (ਕੰਚਨ) ਸੋਨਾ (ਗੱਡਿ) ਦੱਬ ਲਿਆ ਸੀ	Dharab Sanch Sanch Raajae Mooeae Gadd Lae Kanchan Bhaaree ||	The kings die, gathering and hoarding their money, burying great quantities of gold.	ਰਾਜੇ ਧਨ ਜੋੜ ਜੋੜ ਕੇ ਉਮਰ ਗੰਵਾ ਗਏ, ਉਹਨਾਂ ਸੋਨੇ (ਆਦਿਕ) ਦੇ ਢੇਰ (ਭਾਵ, ਖ਼ਜ਼ਾਨੇ) ਧਰਤੀ ਵਿਚ ਦੱਬ ਰੱਖੇ,
28413	654	ਬੇਦ ਪੜੇ ਪੜਿ ਪੰਡਿਤ ਮੂਏ ਰੂਪੁ ਦੇਖਿ ਦੇਖਿ ਨਾਰੀ॥੩॥	ਪੜ੍ਹੇ ਪੜ੍ਹਿ	Baedh Parrae Parr Panddith Mooeae Roop Dhaekh Dhaekh Naaree ||3||	The Pandits die, reading and reciting the Vedas; women die, gazing at their own beauty. ||3||	ਪੰਡਿਤ ਲੋਕ ਵੇਦ-ਪਾਠੀ ਹੋਣ ਦੇ ਹੰਕਾਰ ਵਿਚ ਖਪਦੇ ਹਨ, ਤੇ, ਇਸਤ੍ਰੀਆਂ (ਸ਼ੀਸ਼ੇ ਵਿਚ) ਆਪਣੇ ਰੂਪ ਤੱਕਣ ਵਿਚ ਹੀ ਜ਼ਿੰਦਗੀ ਅਜਾਈਂ ਬਿਤਾ ਰਹੀਆਂ ਹਨ ॥੩॥
28414	654	ਰਾਮ ਨਾਮ ਬਿਨੁ ਸਭੈ ਬਿਗੂਤੇ ਦੇਖਹੁ ਨਿਰਖਿ ਸਰੀਰਾ॥	(ਬਿਗੂਤੇ) ਖ਼ਰਾਬ ਹੁੰਦੇ ਹਨ। ਸੱਭੈ ਨਿਰ-ਖਿ	Raam Naam Bin Sabhai Bigoothae Dhaekhahu Nirakh Sareeraa ||	Without the Lord's Name, all come to ruin; behold, and know this, O body.	ਆਪੇ-ਆਪਣੇ ਅੰਦਰ ਝਾਤ ਮਾਰ ਕੇ ਵੇਖ ਲਵੋ, ਪਰਮਾਤਮਾ ਦੇ ਨਾਮ ਦਾ ਸਿਮਰਨ ਕਰਨ ਤੋਂ ਬਿਨਾ ਸਭ ਜੀਵ ਖ਼ੁਆਰ ਹੋ ਰਹੇ ਹਨ।
28415	654	ਹਰਿ ਕੇ ਨਾਮ ਬਿਨੁ ਕਿਨਿ ਗਤਿ ਪਾਈ ਕਹਿ ਉਪਦੇਸੁ ਕਬੀਰਾ॥੪॥੧॥		Har Kae Naam Bin Kin Gath Paaee Kehi Oupadhaes Kabeeraa ||4||1||	Without the Name of the Lord, who can find salvation? Kabeer speaks the Teachings. ||4||1||	ਕਬੀਰ ਸਿੱਖਿਆ ਦੀ ਗੱਲ ਆਖਦਾ ਹੈ ਕਿ ਪਰਮਾਤਮਾ ਦੇ ਨਾਮ ਤੋਂ ਬਿਨਾ ਕਿਸੇ ਨੂੰ (ਜੀਵਨ ਦੀ) ਸਹੀ ਸੂਝ ਨਹੀਂ ਪੈਂਦੀ ॥੪॥੧॥

28416	654	ਜਬ ਜਰੀਐ ਤਬ ਹੋਇ ਭਸਮ ਤਨੁ ਰਹੈ ਕਿਰਮ ਦਲ ਖਾਈ॥		Jab Jareeai Thab Hoe Bhasam Than Rehai Kiram Dhal Khaaee ||	When the body is burnt, it turns to ashes; if it is not cremated, then it is eaten by armies of worms.	(ਮਰਨ ਪਿਛੋਂ) ਜੇ ਸਰੀਰ (ਚਿਖਾ ਵਿਚ) ਸਾੜਿਆ ਜਾਏ ਤਾਂ ਇਹ ਸੁਆਹ ਹੋ ਜਾਂਦਾ ਹੈ, ਜੇ (ਕਬਰ ਵਿਚ) ਟਿਕਿਆ ਰਹੇ ਤਾਂ ਕੀੜਿਆਂ ਦਾ ਦਲ ਇਸ ਨੂੰ ਖਾ ਜਾਂਦਾ ਹੈ।
28417	654	ਕਾਚੀ ਗਾਗਰਿ ਨੀਰੁ ਪਰਤੁ ਹੈ ਇਆ ਤਨ ਕੀ ਇਹੈ ਬਡਾਈ॥੧॥		Kaachee Gaagar Neer Parath Hai Eiaa Than Kee Eihai Baddaaee ||1||	The unbaked clay pitcher dissolves, when water is poured into it; this is also the nature of the body. ||1||	(ਜਿਵੇਂ) ਕੱਚੇ ਘੜੇ ਵਿਚ ਪਾਣੀ ਪੈਂਦਾ ਹੈ (ਤੇ ਘੜਾ ਗਲ ਕੇ ਪਾਣੀ ਬਾਹਰ ਨਿਕਲ ਜਾਂਦਾ ਹੈ ਤਿਵੇਂ ਸੁਆਸ ਮੁੱਕ ਜਾਣ ਤੇ ਸਰੀਰ ਵਿਚੋਂ ਭੀ ਜਿੰਦ ਨਿਕਲ ਜਾਂਦੀ ਹੈ, ਸੋ,) ਇਸ ਸਰੀਰ ਦਾ ਇਤਨਾ ਕੁ ਹੀ ਮਾਣ ਹੈ (ਜਿਤਨਾ ਕੱਚੇ ਘੜੇ ਦਾ) ॥੧॥
28418	654	ਕਾਹੇ ਭਈਆ ਫਿਰਤੋ ਫੂਲਿਆ ਫੂਲਿਆ॥		Kaahae Bheeaa Firatha Fooliaa Fooliaa ||	Why, O Siblings of Destiny, do you strut around, all puffed up with pride?	ਹੇ ਭਾਈ! ਤੂੰ ਕਿਸ ਗੱਲੇ ਹੰਕਾਰ ਵਿਚ ਆਫਰਿਆ ਫਿਰਦਾ ਹੈਂ?
28419	654	ਜਬ ਦਸ ਮਾਸ ਉਰਧ ਮੁਖ ਰਹਤਾ ਸੋ ਦਿਨੁ ਕੈਸੇ ਭੂਲਿਆ॥੧॥ਰਹਾਉ ॥		Jab Dhas Maas Ouradhh Mukh Rehathaa So Dhin Kaisae Bhooliaa ||1|| Rehaao ||	Have you forgotten those days, when you were hanging, face down, for ten months? ||1||Pause||	ਤੈਨੂੰ ਉਹ ਸਮਾ ਕਿਉਂ ਭੁਲ ਗਿਆ ਹੈ ਜਦੋਂ ਤੂੰ (ਮਾਂ ਦੇ ਪੇਟ ਵਿਚ) ਦਸ ਮਹੀਨੇ ਉਲਟਾ ਟਿਕਿਆ ਰਿਹਾ ਸੈਂ? ॥੧॥ ਰਹਾਉ ॥

28420	654	ਜਿਉ ਮਧੁ ਮਾਖੀ ਤਿਉ ਸਠੋਰਿ ਰਸੁ ਜੋਰਿ ਜੋਰਿ ਧਨੁ ਕੀਆ॥	(ਸਠੋਰਿ) ਕੰਜੂਸ	Jio Madhh Maakhee Thio Sathor Ras Jor Jor Dhhan Keeaa ||	Like the bee which collects honey, the fool eagerly gathers and collects wealth.	ਜਿਵੇਂ ਮੱਖੀ (ਫੁੱਲਾਂ ਦਾ) ਰਸ ਜੋੜ ਜੋੜ ਕੇ ਸ਼ਹਿਦ ਇਕੱਠਾ ਕਰਦੀ ਹੈ, ਤਿਵੇਂ ਮੂਰਖ ਬੰਦੇ ਨੇ ਸਰਫ਼ੇ ਕਰ ਕਰ ਕੇ ਧਨ ਜੋੜਿਆ (ਪਰ ਆਖ਼ਰ ਉਹ ਬਿਗਾਨਾ ਹੀ ਹੋ ਗਿਆ)।
28421	654	ਮਰਤੀ ਬਾਰ ਲੇਹੁ ਲੇਹੁ ਕਰੀਐ ਭੂਤੁ ਰਹਨ ਕਿਉ ਦੀਆ॥੨॥	(ਲੇਹੁ) ਲੈ ਚੱਲੋ	Marathee Baar Laehu Laehu Kareeai Bhooth Rehan Kio Dheeaa ||2||	At the time of death, they shout, ""Take him away, take him away! Why leave a ghost lying around?""||2||	ਮੌਤ ਆਈ, ਤਾਂ ਸਭ ਇਹੀ ਆਖਦੇ ਹਨ-ਲੈ ਚੱਲੋ, ਲੈ ਚੱਲੋ, ਹੁਣ ਇਹ ਬੀਤ ਚੁਕਿਆ ਹੈ, ਬਹੁਤਾ ਚਿਰ ਘਰ ਰੱਖਣ ਦਾ ਕੋਈ ਲਾਭ ਨਹੀਂ ॥੨॥
28422	654	ਦੇਹੁਰੀ ਲਉ ਬਰੀ ਨਾਰਿ ਸੰਗਿ ਭਈ ਆਗੈ ਸਜਨ ਸੁਹੇਲਾ॥	(ਲਉ) ਤੱਕ। (ਬਰੀ) ਵਿਆਹੀ। ਸੱਜਨ	Dhaehuree Lo Baree Naar Sang Bhee Aagai Sajan Suhaelaa ||	His wife accompanies him to the threshold, and his friends and companions beyond.	ਘਰ ਦੀ (ਬਾਹਰਲੀ) ਦਲੀਜ਼ ਤਕ ਵਹੁਟੀ (ਉਸ ਮੁਰਦੇ ਦੇ) ਨਾਲ ਜਾਂਦੀ ਹੈ, ਅਗਾਂਹ ਸੱਜਣ ਮਿੱਤਰ ਚੁੱਕ ਲੈਂਦੇ ਹਨ,
28423	654	ਮਰਘਟ ਲਉ ਸਭੁ ਲੋਗੁ ਕੁਟੰਬੁ ਭਇਓ ਆਗੈ ਹੰਸੁ ਅਕੇਲਾ॥੩॥	(ਮਰਘਟ) ਮਸਾਣ ਭੂਮੀ	Maraghatt Lo Sabh Log Kuttanb Bhaeiou Aagai Hans Akaelaa ||3||	All the people and relatives go as far as the cremation grounds, and then, the soul-swan goes on alone. ||3||	ਮਸਾਣਾਂ ਤਕ ਪਰਵਾਰ ਦੇ ਬੰਦੇ ਤੇ ਹੋਰ ਲੋਕ ਜਾਂਦੇ ਹਨ, ਪਰ ਪਰਲੋਕ ਵਿਚ ਤਾਂ ਜੀਵ-ਆਤਮਾ ਇਕੱਲਾ ਹੀ ਜਾਂਦਾ ਹੈ ॥੩॥

28424	654	ਕਹਤੁ ਕਬੀਰ ਸੁਨਹੁ ਰੇ ਪ੍ਰਾਨੀ ਪਰੇ ਕਾਲ ਗ੍ਰਸ ਕੂਆ॥		Kehath Kabeer Sunahu Rae Praanee Parae Kaal Gras Kooaa ||	Says Kabeer, listen, O mortal being: you have been seized by Death, and you have fallen into the deep, dark pit.	ਕਬੀਰ ਆਖਦਾ ਹੈ-ਹੇ ਬੰਦੇ! ਸੁਣ, ਤੂੰ ਉਸ ਖੂਹ ਵਿਚ ਡਿੱਗਾ ਪਿਆ ਹੈਂ ਜਿਸ ਨੂੰ ਮੌਤ ਨੇ ਘੇਰਿਆ ਹੋਇਆ ਹੈ (ਭਾਵ, ਮੌਤ ਅਵੱਸ਼ ਆਉਂਦੀ ਹੈ)।
28425	654	ਝੂਠੀ ਮਾਇਆ ਆਪੁ ਬੰਧਾਇਆ ਜਿਉ ਨਲਨੀ ਭ੍ਰਮਿ ਸੂਆ॥੪॥੨॥		Jhoothee Maaeiaa Aap Bandhhaaeiaa Jio Nalanee Bhram Sooaa ||4||2||	You have entangled yourself in the false wealth of Maya, like the parrot caught in the trap. ||4||2||	ਪਰ, ਤੂੰ ਆਪਣੇ ਆਪ ਨੂੰ ਇਸ ਮਾਇਆ ਨਾਲ ਬੰਨ੍ਹ ਰੱਖਿਆ ਹੈ ਜਿਸ ਨਾਲ ਸਾਥ ਨਹੀਂ ਨਿਭਣਾ, ਜਿਵੇਂ ਤੋਤਾ ਮੌਤ ਦੇ ਡਰ ਤੋਂ ਆਪਣੇ ਆਪ ਨੂੰ ਨਲਨੀ ਨਾਲ ਚੰਬੋੜ ਰੱਖਦਾ ਹੈ (ਨੋਟ: ਨਲਨੀ ਨਾਲ ਚੰਬੜਨਾ ਤੋਤੇ ਦੀ ਫਾਹੀ ਦਾ ਕਾਰਨ ਬਣਦਾ ਹੈ, ਮਾਇਆ ਨਾਲ ਚੰਬੜੇ ਰਹਿਣਾ ਮਨੁੱਖ ਦੀ ਆਤਮਕ ਮੌਤ ਦਾ ਕਾਰਨ ਬਣਦਾ ਹੈ) ॥੪॥੨॥
28426	654	ਬੇਦ ਪੁਰਾਨ ਸਭੈ ਮਤ ਸੁਨਿ ਕੈ ਕਰੀ ਕਰਮ ਕੀ ਆਸਾ॥		Baedh Puraan Sabhai Math Sun Kai Karee Karam Kee Aasaa ||	Listening to all the teachings of the Vedas and the Puraanas, I wanted to perform the religious rituals.	ਜਿਨ੍ਹਾਂ ਸਿਆਣੇ ਬੰਦਿਆਂ ਨੇ ਵੇਦ ਪੁਰਾਨ ਆਦਿਕਾਂ ਦੇ ਸਾਰੇ ਮਤ ਸੁਣ ਕੇ ਕਰਮ-ਕਾਂਡ ਦੀ ਆਸ ਰੱਖੀ, (ਇਹ ਆਸ ਰੱਖੀ ਕਿ ਕਰਮ-ਕਾਂਡ ਨਾਲ ਜੀਵਨ ਸੌਰੇਗਾ)

28427	654	ਕਾਲ ਗ੍ਰਸਤ ਸਭ ਲੋਗ ਸਿਆਨੇ ਉਠਿ ਪੰਡਿਤ ਪੈ ਚਲੇ ਨਿਰਾਸਾ॥੧॥	ਗ-੍ਰਸਤ। ਚੱਲੇ	Kaal Grasath Sabh Log Siaanae Outh Panddith Pai Chalae Niraasaa ||1||	But seeing all the wise men caught by Death, I arose and left the Pandits; now I am free of this desire. ||1||	ਉਹ ਸਾਰੇ (ਆਤਮਕ) ਮੌਤ ਵਿਚ ਹੀ ਗ੍ਰਸੇ ਰਹੇ। ਪੰਡਿਤ ਲੋਕ ਭੀ ਆਸ ਪੂਰੀ ਹੋਣ ਤੋਂ ਬਿਨਾ ਹੀ ਉੱਠ ਕੇ ਚਲੇ ਗਏ (ਜਗਤ ਤਿਆਗ ਗਏ) ॥੧॥
28428	654	ਮਨ ਰੇ ਸਰਿਓ ਨ ਏਕੈ ਕਾਜਾ॥		Man Rae Sariou N Eaekai Kaajaa ||	O mind, you have not completed the only task you were given;	ਹੇ ਮਨ! ਤੈਥੋਂ ਇਹ ਇੱਕ ਕੰਮ ਭੀ (ਜੋ ਕਰਨ-ਜੋਗ ਸੀ) ਨਹੀਂ ਹੋ ਸਕਿਆ,
28429	654	ਭਜਿਓ ਨ ਰਘੁਪਤਿ ਰਾਜਾ॥੧॥ਰਹਾਉ॥		Bhajiou N Raghupath Raajaa ||1|| Rehaao ||	You have not meditated on the Lord, your King. ||1||Pause||	ਤੂੰ ਪ੍ਰਕਾਸ਼-ਰੂਪ ਪਰਮਾਤਮਾ ਦਾ ਭਜਨ ਨਹੀਂ ਕੀਤਾ ॥੧॥ ਰਹਾਉ ॥
28430	654	ਬਨ ਖੰਡ ਜਾਇ ਜੋਗੁ ਤਪੁ ਕੀਨੋ ਕੰਦ ਮੂਲੁ ਚੁਨਿ ਖਾਇਆ॥		Ban Khandd Jaae Jog Thap Keeno Kandh Mool Chun Khaaeiaa ||	Going to the forests, they practice Yoga and deep, austere meditation; they live on roots and the fruits they gather.	ਕਈ ਲੋਕਾਂ ਨੇ ਜੰਗਲਾਂ ਵਿਚ ਜਾ ਕੇ ਜੋਗ ਸਾਧੇ, ਤਪ ਕੀਤੇ, ਗਾਜਰ-ਮੂਲੀ ਆਦਿਕ ਚੁਣ ਖਾ ਕੇ ਗੁਜ਼ਾਰਾ ਕੀਤਾ;
28431	654	ਨਾਦੀ ਬੇਦੀ ਸਬਦੀ ਮੋਨੀ ਜਮ ਕੇ ਪਟੈ ਲਿਖਾਇਆ॥੨॥		Naadhee Baedhee Sabadhee Monee Jam Kae Pattai Likhaaeiaa ||2||	The musicians, the Vedic scholars, the chanters of one word and the men of silence, all are listed on the Register of Death. ||2||	ਜੋਗੀ, ਕਰਮ-ਕਾਂਡੀ, 'ਅਲੱਖ' ਆਖਣ ਵਾਲੇ ਜੋਗੀ, ਮੋਨਧਾਰੀ- ਇਹ ਸਾਰੇ ਜਮ ਦੇ ਲੇਖੇ ਵਿਚ ਹੀ ਲਿਖੇ ਗਏ (ਭਾਵ, ਇਹਨਾਂ ਦੇ ਸਾਧਨ ਮੌਤ ਦੇ ਡਰ ਤੋਂ ਬਚਾ ਨਹੀਂ ਸਕਦੇ) ॥੨॥

28432	654	ਭਗਤਿ ਨਾਰਦੀ ਰਿਦੈ ਨ ਆਈ ਕਾਛਿ ਕੂਛਿ ਤਨੁ ਦੀਨਾ॥	(ਭਗਤਿ ਨਾਰਦੀ) ਪ੍ਰੇਮਾ–ਭਗਤੀ। (ਕਾਛਿ) ਸ਼ਿੰਗਾਰ। (ਕੂਛਿ) ਸਵਾਰ। (ਦੀਨਾ) ਦਿੱਤਾ	Bhagath Naaradhee Ridhai N Aaee Kaashh Kooshh Than Dheenaa ||	Loving devotional worship does not enter into your heart; pampering and adorning your body, you must still give it up.	ਜਿਸ ਮਨੁੱਖ ਨੇ ਸਰੀਰ ਉੱਤੇ ਤਾਂ (ਧਾਰਮਿਕ ਚਿੰਨ੍ਹ) ਚੱਕਰ ਆਦਿਕ ਲਾ ਲਏ ਹਨ, ਪਰ ਪ੍ਰੇਮਾ-ਭਗਤੀ ਉਸ ਦੇ ਹਿਰਦੇ ਵਿਚ ਪੈਦਾ ਨਹੀਂ ਹੋਈ,
28433	654	ਰਾਗ ਰਾਗਨੀ ਡਿੰਭ ਹੋਇ ਬੈਠਾ ਉਨਿ ਹਰਿ ਪਹਿ ਕਿਆ ਲੀਨਾ॥੩॥	(ਡਿੰਭ) ਪਖੰਡ	Raag Raaganee Ddinbh Hoe Baithaa Oun Har Pehi Kiaa Leenaa ||3||	You sit and play music, but you are still a hypocrite; what do you expect to receive from the Lord? ||3||	ਜੇ ਰਾਗ ਰਾਗਨੀਆਂ ਤਾਂ ਗਾਉਂਦਾ ਹੈ ਪਰ ਨਿਰਾ ਪਖੰਡ-ਮੂਰਤੀ ਹੀ ਬਣ ਬੈਠਾ ਹੈ, ਅਜਿਹੇ ਮਨੁੱਖ ਨੂੰ ਪਰਮਾਤਮਾ ਪਾਸੋਂ ਕੁਝ ਨਹੀਂ ਮਿਲਦਾ ॥੩॥
28434	654	ਪਰਿਓ ਕਾਲੁ ਸਭੈ ਜਗ ਊਪਰ ਮਾਹਿ ਲਿਖੇ ਭ੍ਰਮ ਗਿਆਨੀ॥		Pariou Kaal Sabhai Jag Oopar Maahi Likhae Bhram Giaanee ||	Death has fallen on the whole world; the doubting religious scholars are also listed on the Register of Death.	ਸਾਰੇ ਜਗਤ ਉੱਤੇ ਕਾਲ ਦਾ ਸਹਿਮ ਪਿਆ ਹੋਇਆ ਹੈ, ਭਰਮੀ ਗਿਆਨੀ ਭੀ ਉਸੇ ਹੀ ਲੇਖੇ ਵਿਚ ਲਿਖੇ ਗਏ ਹਨ (ਉਹ ਭੀ ਮੌਤ ਦੇ ਸਹਿਮ ਵਿਚ ਹੀ ਹਨ)।
28435	655	ਕਹੁ ਕਬੀਰ ਜਨ ਭਏ ਖਾਲਸੇ ਪ੍ਰੇਮ ਭਗਤਿ ਜਿਹ ਜਾਨੀ॥੪॥੩॥	(ਖਾਲਸੇ) ਸ਼ੁੱਧ ਬ੍ਰਹਮ ਸਰੂਪ	Kahu Kabeer Jan Bheae Khaalasae Praem Bhagath Jih Jaanee ||4||3||	Says Kabeer, those humble people become pure - they become Khalsa - who know the Lord's loving devotional worship. ||4||3||	ਕਬੀਰ ਆਖਦਾ ਹੈ- ਜਿਨ੍ਹਾਂ ਮਨੁੱਖਾਂ ਨੇ ਪ੍ਰੇਮਾ-ਭਗਤੀ ਕਰਨੀ ਸਮਝ ਲਈ ਹੈ ਉਹ (ਮੌਤ ਦੇ ਸਹਿਮ ਤੋਂ) ਆਜ਼ਾਦ ਹੋ ਗਏ ਹਨ ॥੪॥੩॥
28436	655	ਘਰੁ ੨॥		Ghar 2 ||	Second House||	

28437	655	ਦੁਇ ਦੁਇ ਲੋਚਨ ਪੇਖਾ॥		Dhue Dhue Lochan Paekhaa ||	With both of my eyes, I look around;	(ਹੁਣ ਤਾਂ) ਮੈਂ (ਜਿੱਧਰ) ਅੱਖਾਂ ਖੋਲ੍ਹ ਕੇ ਤੱਕਦਾ ਹਾਂ,
28438	655	ਹਉ ਹਰਿ ਬਿਨੁ ਅਉਰੁ ਨ ਦੇਖਾ॥		Ho Har Bin Aour N Dhaekhaa ||	I don't see anything except the Lord.	ਮੈਨੂੰ ਪਰਮਾਤਮਾ ਤੋਂ ਬਿਨਾ ਹੋਰ (ਓਪਰਾ) ਕੋਈ ਦਿੱਸਦਾ ਹੀ ਨਹੀਂ।
28439	655	ਨੈਨ ਰਹੇ ਰੰਗੁ ਲਾਈ॥		Nain Rehae Rang Laaee ||	My eyes gaze lovingly upon Him,	ਮੇਰੀਆਂ ਅੱਖਾਂ (ਪ੍ਰਭੂ ਨਾਲ) ਪਿਆਰ ਲਾਈ ਬੈਠੀਆਂ ਹਨ (ਮੈਨੂੰ ਹਰ ਪਾਸੇ ਪ੍ਰਭੂ ਹੀ ਦਿੱਸਦਾ ਹੈ),
28440	655	ਅਬ ਬੇ ਗਲ ਕਹਨੁ ਨ ਜਾਈ॥੧॥	(ਬੇ)ਦੂਜੀ ਦਵੈਤ। ਗੱਲ। (੨. ਬੇਗਲ)	Ab Bae Gal Kehan N Jaaee ||1||	And now, I cannot speak of anything else. ||1||	ਹੁਣ ਮੈਥੋਂ ਕੋਈ ਹੋਰ ਗੱਲ ਆਖੀ ਹੀ ਨਹੀਂ ਜਾ ਸਕਦੀ (ਭਾਵ, ਮੈਂ ਹੁਣ ਇਹ ਆਖਣ-ਜੋਗਾ ਹੀ ਨਹੀਂ ਰਿਹਾ ਕਿ ਪ੍ਰਭੂ ਤੋਂ ਬਿਨਾ ਕੋਈ ਹੋਰ ਭੀ ਕਿਤੇ ਹੈ) ॥੧॥
28441	655	ਹਮਰਾ ਭਰਮੁ ਗਇਆ ਭਉ ਭਾਗਾ॥		Hamaraa Bharam Gaeiaa Bho Bhaagaa ||	My doubts were removed, and my fear ran away,	(ਉਦੋਂ ਤੋਂ) ਮੇਰਾ ਭੁਲੇਖਾ ਦੂਰ ਹੋ ਗਿਆ ਹੈ (ਕਿ ਪ੍ਰਭੂ ਤੋਂ ਬਿਨਾ ਕੋਈ ਹੋਰ ਹਸਤੀ ਭੀ ਜਗਤ ਵਿਚ ਹੈ; ਇਸ ਭੁਲੇਖੇ ਦੇ ਦੂਰ ਹੋਣ ਨਾਲ) ਹੁਣ ਕੋਈ ਡਰ ਨਹੀਂ ਰਹਿ ਗਿਆ (ਕਿਉਂਕਿ ਡਰ ਤਾਂ ਕਿਸੇ ਓਪਰੇ ਪਾਸੋਂ ਹੀ ਹੋ ਸਕਦਾ ਹੈ)

28442	655	ਜਬ ਰਾਮ ਨਾਮ ਚਿਤੁ ਲਾਗਾ॥੧॥ਰਹਾਉ॥		Jab Raam Naam Chith Laagaa ||1|| Rehaao ||	When my consciousness became attached to the Lord's Name. ||1||Pause||	ਜਦੋਂ ਤੋਂ ਮੇਰਾ ਚਿੱਤ ਪਰਮਾਤਮਾ ਦੇ ਨਾਮ ਵਿਚ ਗਿੱਝ ਗਿਆ ਹੈ ॥੧॥ ਰਹਾਉ ॥
28443	655	ਬਾਜੀਗਰ ਡੰਕ ਬਜਾਈ॥		Baajeegar Ddank Bajaaee ||	When the magician beats his tambourine,	(ਮੈਨੂੰ ਹੁਣ ਇਉਂ ਦਿੱਸਦਾ ਹੈ ਕਿ) ਜਦੋਂ ਪ੍ਰਭੂ-ਬਾਜ਼ੀਗਰ ਡੁਗਡੁਗੀ ਵਜਾਉਂਦਾ ਹੈ,
28444	655	ਸਭ ਖਲਕ ਤਮਾਸੇ ਆਈ॥		Sabh Khalak Thamaasae Aaee ||	Everyone comes to see the show.	ਤਾਂ ਸਾਰੀ ਖ਼ਲਕਤ (ਜਗਤ-) ਤਮਾਸ਼ਾ ਵੇਖਣ ਆ ਜਾਂਦੀ ਹੈ,
28445	655	ਬਾਜੀਗਰ ਸ੍ਵਾਂਗੁ ਸਕੇਲਾ॥	(ਸਕੇਲਾ) ਸਮੇਟਿਆ। ਸੁਆਂਗੁ	Baajeegar Svaang Sakaelaa ||	When the magician winds up his show,	ਤੇ ਜਦੋਂ ਉਹ ਬਾਜੀਗਰ ਖੇਲ ਸਮੇਟਦਾ ਹੈ,
28446	655	ਅਪਨੇ ਰੰਗ ਰਵੈ ਅਕੇਲਾ॥੨॥		Apanae Rang Ravai Akaelaa ||2||	Then he enjoys its play all alone. ||2||	ਤਾਂ ਇਕੱਲਾ ਆਪ ਹੀ ਆਪ ਆਪਣੀ ਮੌਜ ਵਿਚ ਰਹਿੰਦਾ ਹੈ ॥੨॥
28447	655	ਕਥਨੀ ਕਹਿ ਭਰਮੁ ਨ ਜਾਈ॥		Kathhanee Kehi Bharam N Jaaee ||	By preaching sermons, one's doubt is not dispelled.	(ਪਰ ਇਹ ਦ੍ਵੈਤ ਦਾ) ਭੁਲੇਖਾ ਨਿਰੀਆਂ ਗੱਲਾਂ ਕਰਨ ਨਾਲ ਦੂਰ ਨਹੀਂ ਹੁੰਦਾ,
28448	655	ਸਭ ਕਥਿ ਕਥਿ ਰਹੀ ਲੁਕਾਈ॥		Sabh Kathh Kathh Rehee Lukaaee ||	Everyone is tired of preaching and teaching.	ਨਿਰੀਆਂ ਗੱਲਾਂ ਕਰ ਕਰ ਕੇ ਤਾਂ ਸਾਰੀ ਦੁਨੀਆ ਥੱਕ ਚੁੱਕੀ ਹੈ (ਕਿਸੇ ਦੇ ਅੰਦਰੋਂ ਦ੍ਵੈਤ-ਭਾਵ ਜਾਂਦੀ ਨਹੀਂ)।
28449	655	ਜਾ ਕਉ ਗੁਰਮੁਖਿ ਆਪਿ ਬੁਝਾਈ॥	ਬੁੱਝਾਈ	Jaa Ko Guramukh Aap Bujhaaee ||	The Lord causes the Gurmukh to understand;	ਜਿਸ ਮਨੁੱਖ ਨੂੰ ਪਰਮਾਤਮਾ ਆਪ ਗੁਰੂ ਦੀ ਰਾਹੀਂ ਸੁਮੱਤ ਦੇਂਦਾ ਹੈ,

28450	655	ਤਾ ਕੇ ਹਿਰਦੈ ਰਹਿਆ ਸਮਾਈ॥੩॥		Thaa Kae Hiradhai Rehiaa Samaaee ||3||	His heart remains permeated with the Lord. ||3||	ਉਸ ਦੇ ਹਿਰਦੇ ਵਿਚ ਉਹ ਸਦਾ ਟਿਕਿਆ ਰਹਿੰਦਾ ਹੈ ॥੩॥
28451	655	ਗੁਰ ਕਿੰਚਤ ਕਿਰਪਾ ਕੀਨੀ॥		Gur Kinchath Kirapaa Keenee ||	When the Guru grants even a bit of His Grace,	ਜਿਸ ਮਨੁੱਖ ਉੱਤੇ ਗੁਰੂ ਨੇ ਥੋੜੀ ਜਿਤਨੀ ਭੀ ਮਿਹਰ ਕਰ ਦਿੱਤੀ ਹੈ,
28452	655	ਸਭੁ ਤਨੁ ਮਨੁ ਦੇਹ ਹਰਿ ਲੀਨੀ॥		Sabh Than Man Dhaeh Har Leenee ||	One's body, mind and entire being are absorbed into the Lord.	ਉਸ ਦਾ ਤਨ ਤੇ ਮਨ ਸਭ ਹਰੀ ਵਿਚ ਲੀਨ ਹੋ ਜਾਂਦਾ ਹੈ।
28453	655	ਕਹਿ ਕਬੀਰ ਰੰਗਿ ਰਾਤਾ॥		Kehi Kabeer Rang Raathaa ||	Says Kabeer, I am imbued with the Lord's Love;	ਕਬੀਰ ਆਖਦਾ ਹੈ- ਉਹ ਪ੍ਰਭੂ ਦੇ ਪਿਆਰ ਵਿਚ ਰੰਗਿਆ ਜਾਂਦਾ ਹੈ,
28454	655	ਮਿਲਿਓ ਜਗਜੀਵਨ ਦਾਤਾ॥੪॥੪॥		Miliou Jagajeevan Dhaathaa ||4||4||	I have met with the Life of the world, the Great Giver. ||4||4||	ਉਸ ਨੂੰ ਉਹ ਪ੍ਰਭੂ ਮਿਲ ਪੈਂਦਾ ਹੈ ਜੋ ਸਾਰੇ ਜਗਤ ਨੂੰ ਜੀਵਨ ਦੇਣ ਵਾਲਾ ਹੈ ॥੪॥੪॥
28455	655	ਜਾ ਕੇ ਨਿਗਮ ਦੂਧ ਕੇ ਠਾਟਾ॥		Jaa Kae Nigam Dhoodhh Kae Thaattaa ||	Let the sacred scriptures be your milk and cream,	(ਹੇ ਜਿੰਦੇ! ਤੂੰ ਉਸ ਪ੍ਰਭੂ ਦੇ ਨਾਮ ਵਿਚ ਚਿੱਤ ਜੋੜ) ਵੇਦ ਆਦਿਕ ਧਰਮ-ਪੁਸਤਕ ਜਿਸ ਦੇ (ਨਾਮ-ਅੰਮ੍ਰਿਤ) ਦੁੱਧ ਦੇ ਸੋਮੇ ਹਨ,
28456	655	ਸਮੁੰਦੁ ਬਿਲੋਵਨ ਕਉ ਮਾਟਾ॥		Samundh Bilovan Ko Maattaa ||	And the ocean of the mind the churning vat.	ਤੇ ਸਤਸੰਗ ਉਸ ਦੁੱਧ ਦੇ ਰਿੜਕਣ ਲਈ ਚਾਟੀ ਹੈ।

28457	655	ਤਾ ਕੀ ਹੋਹੁ ਬਿਲੋਵਨਹਾਰੀ॥		Thaa Kee Hohu Bilovanehaaree ||	Be the butter-churner of the Lord,	(ਹੇ ਜਿੰਦੇ!) ਤੂੰ ਉਸ ਪ੍ਰਭੂ ਦੇ ਨਾਮ ਦੀ ਰਿੜਕਣ ਵਾਲੀ ਬਣ।
28458	655	ਕਿਉ ਮੇਟੈ ਗੋ ਛਾਛਿ ਤੁਹਾਰੀ॥੧॥		Kio Maettai Go Shhaashh Thuhaaree ||1||	And your buttermilk shall not be wasted. ||1||	(ਹੇ ਜਿੰਦੇ! ਜੇ ਤੈਨੂੰ ਹਰਿ-ਮਿਲਾਪ ਨਸੀਬ ਨਾਹ ਹੋਇਆ, ਤਾਂ ਭੀ) ਉਹ ਪ੍ਰਭੂ (ਸਤਸੰਗ ਵਿਚ ਬੈਠ ਕੇ ਧਰਮ-ਪੁਸਤਕਾਂ ਦੇ ਵਿਚਾਰਨ ਦਾ) ਤੇਰਾ ਸਾਧਾਰਨ ਅਨੰਦ ਨਹੀਂ ਮਿਟਾਇਗਾ ॥੧॥
28459	655	ਚੇਰੀ ਤੂ ਰਾਮੁ ਨ ਕਰਸਿ ਭਤਾਰਾ॥		Chaeree Thoo Raam N Karas Bhathaaraa ||	O soul-bride slave, why don't you take the Lord as your Husband?	ਹੇ ਜਿੰਦੇ! ਤੂੰ ਉਸ ਪਰਮਾਤਮਾ ਨੂੰ ਕਿਉਂ ਆਪਣਾ ਖਸਮ ਨਹੀਂ ਬਣਾਉਂਦੀ,
28460	655	ਜਗਜੀਵਨ ਪ੍ਰਾਨ ਅਧਾਰਾ॥੧॥ਰਹਾਉ ॥		Jagajeevan Praan Adhhaaraa ||1|| Rehaao ||	He is the Life of the world, the Support of the breath of life. ||1||Pause||	ਜੋ ਜਗਤ ਦਾ ਜੀਵਨ ਹੈ ਤੇ ਸਭ ਦੇ ਪ੍ਰਾਣਾਂ ਦਾ ਆਸਰਾ ਹੈ? ॥੧॥ ਰਹਾਉ ॥
28461	655	ਤੇਰੇ ਗਲਹਿ ਤਉਕੁ ਪਗ ਬੇਰੀ॥	ਔਗੁਣ ਰੂਪ, ਜ਼ੰਜੀਰ ਵਾਲਾ (ਤਉਕੁ) ਪਟਾ। ਮੰਦੀ ਕਮਾਈ ਰੂਪੀ(ਬੇਰੀ) ਬੇੜੀ। ਪਗ:ਪੋਲਾ ਬੋਲੋ	Thaerae Galehi Thouk Pag Baeree ||	The chain is around your neck, and the cuffs are on your feet.	ਹੇ ਜਿੰਦੇ! ਤੇਰੇ ਗਲ ਵਿਚ ਮੋਹ ਦਾ ਪਟਾ ਤੇ ਤੇਰੇ ਪੈਰਾਂ ਵਿਚ ਆਸਾਂ ਦੀਆਂ ਬੇੜੀਆਂ ਹੋਣ ਕਰਕੇ,
28462	655	ਤੂ ਘਰ ਘਰ ਰਮਈਐ ਫੇਰੀ॥		Thoo Ghar Ghar Rameeai Faeree ||	The Lord has sent you wandering around from house to house.	ਤੈਨੂੰ ਪਰਮਾਤਮਾ ਨੇ ਘਰ ਘਰ (ਕਈ ਜੂਨਾਂ ਵਿਚ) ਫਿਰਾਇਆ ਹੈ।

28463	655	ਤੂ ਅਜਹੁ ਨ ਚੇਤਸਿ ਚੇਰੀ॥		Thoo Ajahu N Chaethas Chaeree ||	And still, you do not meditate on the Lord, O soul-bride, slave.	(ਹੁਣ ਭਾਗਾਂ ਨਾਲ ਕਿਤੇ ਮਨੁੱਖਾ-ਜਨਮ ਮਿਲਿਆ ਸੀ) ਹੁਣ ਭੀ ਤੂੰ ਉਸ ਪ੍ਰਭੂ ਨੂੰ ਯਾਦ ਨਹੀਂ ਕਰਦੀ।
28464	655	ਤੂ ਜਮਿ ਬਪੁਰੀ ਹੈ ਹੇਰੀ॥੨॥		Thoo Jam Bapuree Hai Haeree ||2||	Death is watching you, O wretched woman. ||2||	ਹੇ ਭਾਗ-ਹੀਣ! ਤੈਨੂੰ ਜਮ ਨੇ ਆਪਣੀ ਤੱਕ ਵਿਚ ਰੱਖਿਆ ਹੋਇਆ ਹੈ (ਭਾਵ, ਮੌਤ ਆਇਆਂ ਫਿਰ ਪਤਾ ਨਹੀਂ ਕਿਸ ਲੰਮੇ ਗੇੜ ਵਿਚ ਪੈ ਜਾਇੰਗੀ) ॥੨॥
28465	655	ਪ੍ਰਭ ਕਰਨ ਕਰਾਵਨਹਾਰੀ॥		Prabh Karan Karaavanehaaree ||	The Lord God is the Cause of causes.	ਸਭ ਕੁਝ ਕਰਨ ਕਰਾਉਣ ਵਾਲਾ ਪ੍ਰਭੂ ਆਪ ਹੀ ਹੈ।
28466	655	ਕਿਆ ਚੇਰੀ ਹਾਥ ਬਿਚਾਰੀ॥		Kiaa Chaeree Haathh Bichaaree ||	What is in the hands of the poor soul-bride, the slave?	ਪਰ ਇਸ ਵਿਚਾਰੀ ਜਿੰਦ ਦੇ ਭੀ ਕੀਹ ਵੱਸ?
28467	655	ਸੋਈ ਸੋਈ ਜਾਗੀ॥		Soee Soee Jaagee ||	She awakens from her slumber,	ਇਹ ਕਈ ਜਨਮਾਂ ਦੀ ਸੁੱਤੀ ਹੋਈ ਜਿੰਦ (ਤਦੋਂ ਹੀ) ਜਾਗਦੀ ਹੈ (ਜਦੋਂ ਉਹ ਆਪ ਜਗਾਉਂਦਾ ਹੈ)
28468	655	ਜਿਤੁ ਲਾਈ ਤਿਤੁ ਲਾਗੀ॥੩॥		Jith Laaee Thith Laagee ||3||	And she becomes attached to whatever the Lord attaches her. ||3||	(ਕਿਉਂਕਿ) ਜਿੱਧਰ ਉਹ ਇਸ ਨੂੰ ਲਾਉਂਦਾ ਹੈ ਉਧਰ ਹੀ ਇਹ ਲੱਗਦੀ ਹੈ ॥੩॥
28469	655	ਚੇਰੀ ਤੈ ਸੁਮਤਿ ਕਹਾਂ ਤੇ ਪਾਈ॥	ਤੈਂਸੁ-ਮੱਤਿ	Chaeree Thai Sumath Kehaan Thae Paaee ||	O soul-bride, slave, where did you obtain that wisdom,	(ਉਸ ਦੀ ਮਿਹਰ ਨਾਲ ਜਾਗੀ ਹੋਈ ਜਿੰਦ ਨੂੰ ਜੱਗਿਆਸੂ ਜਿੰਦ ਪੁੱਛਦੀ ਹੈ) ਹੇ (ਭਾਗਾਂ ਵਾਲੀਏ) ਜਿੰਦੇ! ਤੈਨੂੰ ਕਿੱਥੋਂ ਇਹ ਸੁਮੱਤ ਮਿਲੀ ਹੈ,

28470	655	ਜਾ ਤੇ ਭ੍ਰਮ ਕੀ ਲੀਕ ਮਿਟਾਈ॥		Jaa Thae Bhram Kee Leek Mittaaee ||	By which you erased your inscription of doubt?	ਜਿਸ ਦੀ ਬਰਕਤਿ ਨਾਲ ਤੇਰੇ ਉਹ ਸੰਸਕਾਰ ਮਿਟ ਗਏ ਹਨ, ਜੋ ਤੈਨੂੰ ਭਟਕਣਾ ਵਿਚ ਪਾਈ ਰੱਖਦੇ ਸਨ।
28471	655	ਸੁ ਰਸੁ ਕਬੀਰੈ ਜਾਨਿਆ॥		S Ras Kabeerai Jaaniaa ||	Kabeer has tasted that subtle essence;	(ਅੱਗੋਂ ਜਾਗੀ ਹੋਈ ਜਿੰਦ ਉੱਤਰ ਦੇਂਦੀ ਹੈ) ਹੇ ਕਬੀਰ! ਸਤਿਗੁਰੂ ਦੀ ਕਿਰਪਾ ਨਾਲ ਮੇਰੀ ਉਸ ਆਤਮਕ ਆਨੰਦ ਨਾਲ ਜਾਣ-ਪਛਾਣ ਹੋ ਗਈ ਹੈ,
28472	655	ਮੇਰੋ ਗੁਰ ਪ੍ਰਸਾਦਿ ਮਨੁ ਮਾਨਿਆ॥੪॥੫॥		Maero Gur Prasaadh Man Maaniaa ||4||5||	By Guru's Grace, his mind is reconciled with the Lord. ||4||5||	ਤੇ ਮੇਰਾ ਮਨ ਉਸ ਵਿਚ ਪਰਚ ਗਿਆ ਹੈ ॥੪॥੫॥
28473	655	ਜਿਹ ਬਾਝੁ ਨ ਜੀਆ ਜਾਈ॥		Jih Baajh N Jeeaa Jaaee ||	Without Him, we cannot even live;	ਜਿਸ (ਸਦਾ-ਥਿਰ ਰਹਿਣ ਵਾਲੇ ਆਤਮਕ ਜੀਵਨ) ਤੋਂ ਬਿਨਾ ਜੀਵਿਆ ਹੀ ਨਹੀਂ ਜਾ ਸਕਦਾ,
28474	655	ਜਉ ਮਿਲੈ ਤ ਘਾਲ ਅਘਾਈ॥	(ਅਘਾਈ) ਸਫ਼ਲ	Jo Milai Th Ghaal Aghaaee ||	When we meet Him, then our task is completed.	ਤੇ ਜੇ ਉਹ ਜੀਵਨ ਮਿਲ ਜਾਏ ਤਾਂ ਘਾਲ ਸਫਲ ਹੋ ਜਾਂਦੀ ਹੈ।
28475	655	ਸਦ ਜੀਵਨੁ ਭਲੋ ਕਹਾਂਹੀ॥	(ਕਹਾਂਹੀ) ਕਹਾਉਂਦੇ। (੨. ਕਹਾਂ ਹੀ)	Sadh Jeevan Bhalo Kehaanhee ||	People say it is good to live forever,	ਜੋ ਜੀਵਨ ਸਦਾ ਕਾਇਮ ਰਹਿਣ ਵਾਲਾ ਹੈ, ਤੇ ਜਿਸ ਨੂੰ ਲੋਕ ਸੁਹਣਾ ਜੀਵਨ ਆਖਦੇ ਹਨ,
28476	655	ਮੂਏ ਬਿਨੁ ਜੀਵਨੁ ਨਾਹੀ॥੧॥		Mooeae Bin Jeevan Naahee ||1||	But without dying, there is no life. ||1||	ਉਹ ਜੀਵਨ ਆਪਾ-ਭਾਵ ਤਿਆਗਣ ਤੋਂ ਬਿਨਾ ਨਹੀਂ ਮਿਲ ਸਕਦਾ ॥੧॥

28477	655	ਅਬ ਕਿਆ ਕਥੀਐ ਗਿਆਨੁ ਬੀਚਾਰਾ॥		Ab Kiaa Kathheeai Giaan Beechaaraa ||	So now, what sort wisdom should I contemplate and preach?	ਜਦੋਂ ਉਸ 'ਸਦ-ਜੀਵਨ' ਦੀ ਸਮਝ ਪੈ ਜਾਂਦੀ ਹੈ ਤਦੋਂ ਉਸ ਦੇ ਬਿਆਨ ਕਰਨ ਦੀ ਲੋੜ ਨਹੀਂ ਰਹਿੰਦੀ।
28478	655	ਨਿਜ ਨਿਰਖਤ ਗਤ ਬਿਉਹਾਰਾ॥੧॥ਰਹਾਉ॥	(ਨਿਰਖਤ) ਵਿਚਾਰਦਿਆਂ	Nij Nirakhath Gath Biouhaaraa ||1|| Rehaao ||	As I watch, worldly things dissipate. ||1||Pause||	(ਉਂਞ ਉਸ ਦਾ ਸਿੱਟਾ ਇਹ ਨਿਕਲਦਾ ਹੈ ਕਿ) ਆਪਣੇ ਵੇਂਹਦਿਆਂ ਹੀ (ਜਗਤ ਦੀ ਸਦਾ) ਬਦਲਦੇ ਰਹਿਣ ਦੀ ਚਾਲ ਵੇਖ ਲਈਦੀ ਹੈ (ਭਾਵ, ਇਹ ਵੇਖ ਲਈਦਾ ਹੈ ਕਿ ਜਗਤ ਸਦਾ ਬਦਲ ਰਿਹਾ ਹੈ, ਪਰ ਆਪਾ ਮਿਟਾਇਆਂ ਮਿਲਿਆ ਜੀਵਨ ਅਟੱਲ ਰਹਿੰਦਾ ਹੈ) ॥੧॥ ਰਹਾਉ ॥
28479	655	ਘਸਿ ਕੁੰਕਮ ਚੰਦਨੁ ਗਾਰਿਆ॥	(ਕੁੰਕਮ) ਕੇਸਰ	Ghas Kunkam Chandhan Gaariaa ||	Saffron is ground up, and mixed with sandalwood;	ਜਿਸ ਪੁੱਤਰ (ਜੀਵਾਤਮਾ) ਨੇ ਘਾਲ-ਕਮਾਈ ਕਰ ਕੇ ਆਪਣੀ ਜਿੰਦ ਨੂੰ ਪ੍ਰਭੂ ਵਿਚ ਮਿਲਾ ਦਿੱਤਾ ਹੈ,
28480	655	ਬਿਨੁ ਨੈਨਹੁ ਜਗਤੁ ਨਿਹਾਰਿਆ॥	ਜੱਗਤੁ	Bin Nainahu Jagath Nihaariaa ||	Without eyes, the world is seen.	ਉਸ ਨੇ ਆਪਣੀਆਂ ਅੱਖਾਂ ਨੂੰ ਜਗਤ-ਤਮਾਸ਼ੇ ਵਲੋਂ ਹਟਾ ਕੇ ਜਗਤ (ਦੀ ਅਸਲੀਅਤ) ਨੂੰ ਵੇਖ ਲਿਆ ਹੈ।
28481	655	ਪੂਤਿ ਪਿਤਾ ਇਕੁ ਜਾਇਆ॥		Pooth Pithaa Eik Jaaeiaa ||	The son has given birth to his father;	ਉਸ ਨੇ ਆਪਣੇ ਅੰਦਰ ਆਪਣੇ ਪਿਤਾ-ਪ੍ਰਭੂ ਨੂੰ ਪਰਗਟ ਕਰ ਲਿਆ ਹੈ,

28482	655	ਬਿਨੁ ਠਾਹਰ ਨਗਰੁ ਬਸਾਇਆ॥੨॥		Bin Thaahar Nagar Basaaeiaa ||2||	Without a place, the city has been established. ||2||	ਪਹਿਲਾਂ ਉਹ ਸਦਾ ਬਾਹਰ ਭਟਕਦਾ ਸੀ, ਹੁਣ (ਉਸ ਨੇ ਆਪਣੇ ਅੰਦਰ, ਮਾਨੋ,) ਸ਼ਹਿਰ ਵਸਾ ਲਿਆ ਹੈ (ਭਾਵ, ਉਸ ਦੇ ਅੰਦਰ ਉਹ ਸੁੰਦਰ ਗੁਣ ਪੈਦਾ ਹੋ ਗਏ ਹਨ ਕਿ ਹੁਣ ਉਹ ਬਾਹਰ ਨਹੀਂ ਭਟਕਦਾ) ॥੨॥
28483	655	ਜਾਚਕ ਜਨ ਦਾਤਾ ਪਾਇਆ॥		Jaachak Jan Dhaathaa Paaeiaa ||	The humble beggar has found the Great Giver,	ਜੋ ਮਨੁੱਖ ਮੰਗਤਾ (ਬਣ ਕੇ ਪ੍ਰਭੂ ਦੇ ਦਰ ਤੋਂ ਮੰਗਦਾ) ਹੈ ਉਸ ਨੂੰ ਦਾਤਾ-ਪ੍ਰਭੂ ਆਪ ਮਿਲ ਪੈਂਦਾ ਹੈ,
28484	655	ਸੋ ਦੀਆ ਨ ਜਾਈ ਖਾਇਆ॥		So Dheeaa N Jaaee Khaaeiaa ||	But he is unable to eat what he has been given.	ਉਸ ਨੂੰ ਉਹ ਇਤਨੀ ਆਤਮਕ ਜੀਵਨ ਦੀ ਦਾਤ ਬਖ਼ਸ਼ਦਾ ਹੈ ਜੋ ਖ਼ਰਚਿਆਂ ਖ਼ਤਮ ਨਹੀਂ ਹੁੰਦੀ।
28485	655	ਛੋਡਿਆ ਜਾਇ ਨ ਮੂਕਾ॥		Shhoddiaa Jaae N Mookaa ||	He cannot leave it alone, but it is never exhausted.	ਉਸ ਦਾਤ ਨੂੰ ਨਾਹ ਛੱਡਣ ਨੂੰ ਜੀ ਕਰਦਾ ਹੈ, ਨਾਹ ਉਹ ਮੁੱਕਦੀ ਹੈ,
28486	655	ਅਉਰਨ ਪਹਿ ਜਾਨਾ ਚੂਕਾ॥੩॥		Aouran Pehi Jaanaa Chookaa ||3||	He shall not go to beg from others any longer. ||3||	(ਤੇ ਉਸ ਦੀ ਬਰਕਤਿ ਨਾਲ) ਹੋਰਨਾਂ ਦੇ ਦਰ ਤੇ ਭਟਕਣਾ ਮੁੱਕ ਜਾਂਦੀ ਹੈ ॥੩॥
28487	655	ਜੋ ਜੀਵਨ ਮਰਨਾ ਜਾਨੈ॥		Jo Jeevan Maranaa Jaanai ||	Those select few, who know how to die while yet alive,	ਜੋ ਮਨੁੱਖ ਇਸ ਆਤਮਕ ਅਟੱਲ ਜੀਵਨ ਦੀ ਖ਼ਾਤਰ ਆਪਾ-ਭਾਵ ਮਿਟਾਉਣ ਦੀ ਜਾਚ ਸਿੱਖ ਲੈਂਦਾ ਹੈ,
28488	655	ਸੋ ਪੰਚ ਸੈਲ ਸੁਖ ਮਾਨੈ॥	(ਸੈਲ) ਅਚੱਲ	So Panch Sail Sukh Maanai ||	Enjoy great peace.	ਉਹ ਸੰਤਾਂ ਵਾਲੇ ਅਟੱਲ ਆਤਮਕ ਸੁਖ ਨੂੰ ਮਾਣਦਾ ਹੈ।

28489	655	ਕਬੀਰੈ ਸੋ ਧਨੁ ਪਾਇਆ॥		Kabeerai So Dhhan Paaeiaa ||	Kabeer has found that wealth;	ਮੈਂ ਕਬੀਰ ਨੇ (ਭੀ) ਉਹ (ਆਤਮਕ ਜੀਵਨ-ਰੂਪ) ਧਨ ਪ੍ਰਾਪਤ ਕਰ ਲਿਆ ਹੈ,
28490	655	ਹਰਿ ਭੇਟਤ ਆਪੁ ਮਿਟਾਇਆ॥੪॥੬॥		Har Bhaettath Aap Mittaaeiaa ||4||6||	Meeting with the Lord, he has erased his self-conceit. ||4||6||	ਤੇ ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਆਪਾ-ਭਾਵ ਮਿਟਾ ਲਿਆ ਹੈ ॥੪॥੬॥
28491	655	ਕਿਆ ਪੜੀਐ ਕਿਆ ਗੁਨੀਐ॥	(ਗੁਨੀਐ) ਵੀਚਾਰੀਏ। ਪੜ੍ਹੀਐ	Kiaa Parreeai Kiaa Guneeai ||	What use is it to read, and what use is it to study?	(ਹੇ ਗਵਾਰ!) (ਵੇਦ ਪੁਰਾਣ ਆਦਿਕ ਧਰਮ-ਪੁਸਤਕਾਂ ਨੂੰ) ਨਿਰੇ ਪੜ੍ਹਨ ਸੁਣਨ ਦਾ ਕੀ ਲਾਭ?
28492	655	ਕਿਆ ਬੇਦ ਪੁਰਾਨਾਂ ਸੁਨੀਐ॥		Kiaa Baedh Puraanaan Suneeai ||	What use is it to listen to the Vedas and the Puraanas?	ਵੇਦ ਪੁਰਾਣ ਸੁਣਨ ਦਾ ਕੀ ਫ਼ਾਇਦਾ?
28493	655	ਪੜੇ ਸੁਨੇ ਕਿਆ ਹੋਈ॥	ਪੜ੍ਹੇ	Parrae Sunae Kiaa Hoee ||	What use is reading and listening,	ਜੇ ਇਸ ਪੜ੍ਹਨ ਸੁਣਨ ਦੇ ਕੁਦਰਤੀ ਨਤੀਜੇ ਦੇ ਤੌਰ ਤੇ-
28494	655	ਜਉ ਸਹਜ ਨ ਮਿਲਿਓ ਸੋਈ॥੧॥		Jo Sehaj N Miliou Soee ||1||	If celestial peace is not attained? ||1||	ਉਸ ਪ੍ਰਭੂ ਦਾ ਮਿਲਾਪ ਹੀ ਨਾਹ ਹੋਵੇ ॥੧॥
28495	655	ਹਰਿ ਕਾ ਨਾਮੁ ਨ ਜਪਸਿ ਗਵਾਰਾ॥		Har Kaa Naam N Japas Gavaaraa ||	The fool does not chant the Name of the Lord.	ਹੇ ਮੂਰਖ! ਤੂੰ ਪਰਮਾਤਮਾ ਦਾ ਨਾਮ (ਤਾਂ) ਸਿਮਰਦਾ ਨਹੀਂ।
28496	655	ਕਿਆ ਸੋਚਹਿ ਬਾਰੰ ਬਾਰਾ॥੧॥ਰਹਾਉ॥		Kiaa Sochehi Baaran Baaraa ||1|| Rehaao ||	So what does he think of, over and over again? ||1||Pause||	(ਨਾਮ ਨੂੰ ਵਿਸਾਰ ਕੇ) ਮੁੜ ਮੁੜ ਹੋਰ ਸੋਚਾਂ ਸੋਚਣ ਦਾ ਤੈਨੂੰ ਕੀਹ ਲਾਭ ਹੋਵੇਗਾ? ॥੧॥ ਰਹਾਉ ॥

28497	655	ਅੰਧਿਆਰੇ ਦੀਪਕੁ ਚਹੀਐ॥		Andhhiaarae Dheepak Cheheeai ||	In the darkness, we need a lamp	ਹਨੇਰੇ ਵਿਚ (ਤਾਂ) ਦੀਵੇ ਦੀ ਲੋੜ ਹੁੰਦੀ ਹੈ,
28498	656	ਇਕ ਬਸਤੁ ਅਗੋਚਰ ਲਹੀਐ॥		Eik Basath Agochar Leheeai ||	To find the incomprehensible thing.	(ਤਾਂਕਿ ਅੰਦਰੋਂ) ਉਹ ਹਰਿ-ਨਾਮ ਪਦਾਰਥ ਮਿਲ ਪਏ, ਜਿਸ ਤਕ ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, (ਇਸ ਤਰ੍ਹਾਂ ਧਾਰਮਿਕ ਪੁਸਤਕਾਂ ਪੜ੍ਹਨ ਨਾਲ ਉਹ ਗਿਆਨ ਦਾ ਦੀਵਾ ਮਨ ਵਿਚ ਜਗਣਾ ਚਾਹੀਦਾ ਹੈ ਜਿਸ ਨਾਲ ਅੰਦਰ-ਵੱਸਦਾ ਰੱਬ ਲੱਭ ਪਏ)।
28499	656	ਬਸਤੁ ਅਗੋਚਰ ਪਾਈ॥		Basath Agochar Paaee ||	I have found this incomprehensible thing;	ਜਿਸ ਮਨੁੱਖ ਨੂੰ ਉਹ ਅਪਹੁੰਚ ਹਰਿ-ਨਾਮ ਪਦਾਰਥ ਮਿਲ ਪੈਂਦਾ ਹੈ,
28500	656	ਘਟਿ ਦੀਪਕੁ ਰਹਿਆ ਸਮਾਈ॥੨॥		Ghatt Dheepak Rehiaa Samaaee ||2||	My mind is illuminated and enlightened. ||2||	ਉਸ ਦੇ ਅੰਦਰ ਉਹ ਦੀਵਾ ਫਿਰ ਸਦਾ ਟਿਕਿਆ ਰਹਿੰਦਾ ਹੈ ॥੨॥
28501	656	ਕਹਿ ਕਬੀਰ ਅਬ ਜਾਨਿਆ॥		Kehi Kabeer Ab Jaaniaa ||	Says Kabeer, now I know Him;	ਕਬੀਰ ਆਖਦਾ ਹੈ-ਉਸ ਅਪਹੁੰਚ ਹਰਿ-ਨਾਮ ਪਦਾਰਥ ਨਾਲ ਮੇਰੀ ਭੀ ਜਾਣ-ਪਛਾਣ ਹੋ ਗਈ ਹੈ।
28502	656	ਜਬ ਜਾਨਿਆ ਤਉ ਮਨੁ ਮਾਨਿਆ॥		Jab Jaaniaa Tho Man Maaniaa ||	Since I know Him, my mind is pleased and appeased.	ਜਦੋਂ ਤੋਂ ਜਾਣ-ਪਛਾਣ ਹੋਈ ਹੈ, ਮੇਰਾ ਮਨ ਉਸੇ ਵਿਚ ਹੀ ਪਰਚ ਗਿਆ ਹੈ।

28503	656	ਮਨ ਮਾਨੇ ਲੋਗੁ ਨ ਪਤੀਜੈ॥		Man Maanae Log N Patheejai ||	My mind is pleased and appeased, and yet, people do not believe it.	(ਪਰ ਜਗਤ ਲੋੜਦਾ ਹੈ ਧਰਮ-ਪੁਸਤਕਾਂ ਦੇ ਰਿਵਾਜੀ ਪਾਠ ਕਰਨੇ ਕਰਾਉਣੇ ਤੇ ਤੀਰਥ ਆਦਿਕਾਂ ਦੇ ਇਸ਼ਨਾਨ; ਸੋ,) ਪਰਮਾਤਮਾ ਵਿਚ ਮਨ ਜੁੜਨ ਨਾਲ (ਕਰਮ-ਕਾਂਡੀ) ਜਗਤ ਦੀ ਤਸੱਲੀ ਨਹੀਂ ਹੁੰਦੀ;
28504	656	ਨ ਪਤੀਜੈ ਤਉ ਕਿਆ ਕੀਜੈ॥੩॥੭॥		N Patheejai Tho Kiaa Keejai ||3||7||	They do not believe it, so what can I do? ||3||7||	(ਦੂਜੇ ਪਾਸੇ) ਨਾਮ ਸਿਮਰਨ ਵਾਲੇ ਨੂੰ ਭੀ ਇਹ ਮੁਥਾਜੀ ਨਹੀਂ ਹੁੰਦੀ ਕਿ ਜ਼ਰੂਰ ਹੀ ਲੋਕਾਂ ਦੀ ਤਸੱਲੀ ਭੀ ਕਰਾਏ, (ਤਾਹੀਏਂ, ਆਮ ਤੌਰ ਤੇ ਇਹਨਾਂ ਦਾ ਅਜੋੜ ਹੀ ਬਣਿਆ ਰਹਿੰਦਾ ਹੈ) ॥੩॥੭॥
28505	656	ਹ੍ਰਿਦੈ ਕਪਟੁ ਮੁਖ ਗਿਆਨੀ॥		Hridhai Kapatt Mukh Giaanee ||	In his heart there is deception, and yet in his mouth are words of wisdom.	ਹੇ ਪਖੰਡੀ ਮਨੁੱਖ! ਤੇਰੇ ਮਨ ਵਿਚ ਤਾਂ ਠੱਗੀ ਹੈ, ਪਰ ਤੂੰ ਮੂੰਹੋਂ (ਬ੍ਰਹਮ) ਗਿਆਨ ਦੀਆਂ ਗੱਲਾਂ ਕਰ ਰਿਹਾ ਹੈਂ।
28506	656	ਝੂਠੇ ਕਹਾ ਬਿਲੋਵਸਿ ਪਾਨੀ॥੧॥		Jhoothae Kehaa Bilovas Paanee ||1||	You are false - why are you churning water? ||1||	ਹੇ ਝੂਠੇ ਮਨੁੱਖ! ਤੈਨੂੰ ਇਸ ਪਾਣੀ ਰਿੜਕਣ ਤੋਂ ਕੋਈ ਲਾਭ ਨਹੀਂ ਹੋ ਸਕਦਾ ॥੧॥
28507	656	ਕਾਂਇਆ ਮਾਂਜਸਿ ਕਉਨ ਗੁਨਾਂ॥		Kaaneiaa Maanjas Koun Gunaan ||	Why do you bother to wash your body?	(ਹੇ ਝੂਠੇ!) ਤੈਨੂੰ ਇਸ ਗੱਲ ਦਾ ਕੋਈ ਫ਼ਾਇਦਾ ਨਹੀਂ ਕਿ ਤੂੰ ਆਪਣਾ ਸਰੀਰ ਮਾਂਜਦਾ ਫਿਰਦਾ ਹੈਂ (ਭਾਵ, ਬਾਹਰੋਂ ਸੁੱਚਾ ਤੇ ਪਵਿੱਤਰਤਾ ਰੱਖਦਾ ਹੈਂ)

28508	656	ਜਉ ਘਟ ਭੀਤਰਿ ਹੈ ਮਲਨਾਂ॥੧॥ਰਹਾਉ॥	(ਮਲਨਾਂ) ਮੈਲ਼	Jo Ghatt Bheethar Hai Malanaan ||1|| Rehaao ||	Your heart is still full of filth. ||1||Pause||	ਜੇ ਤੇਰੇ ਹਿਰਦੇ ਵਿਚ (ਕਪਟ ਦੀ) ਮੈਲ ਹੈ ॥੧॥ ਰਹਾਉ ॥
28509	656	ਲਉਕੀ ਅਠਸਠਿ ਤੀਰਥ ਨ੍ਹਾਈ॥	(ਲਉਕੀ) ਤੁੰਮੀ	Loukee Athasath Theerathh Nhaaee ||	The gourd may be washed at the sixty-eight sacred shrines,	(ਵੇਖ!) ਜੇ ਤੂੰਬੀ ਅਠਾਹਠ ਤੀਰਥਾਂ ਉੱਤੇ ਭੀ ਇਸ਼ਨਾਨ ਕਰ ਲਏ,
28510	656	ਕਉਰਾਪਨੁ ਤਊ ਨ ਜਾਈ॥੨॥		Kouraapan Thoo N Jaaee ||2||	But even then, its bitterness is not removed. ||2||	ਤਾਂ ਭੀ ਉਸ ਦੀ (ਅੰਦਰਲੀ) ਕੁੜਿੱਤਣ ਦੂਰ ਨਹੀਂ ਹੁੰਦੀ ॥੨॥
28511	656	ਕਹਿ ਕਬੀਰ ਬੀਚਾਰੀ॥		Kehi Kabeer Beechaaree ||	Says Kabeer after deep contemplation,	(ਇਸ ਅੰਦਰਲੀ ਮੈਲ ਨੂੰ ਦੂਰ ਕਰਨ ਲਈ) ਕਬੀਰ ਤਾਂ ਸੋਚ ਵਿਚਾਰ ਕੇ (ਪ੍ਰਭੂ ਅੱਗੇ ਹੀ ਇਉਂ) ਅਰਦਾਸ ਕਰਦਾ ਹੈ-
28512	656	ਭਵ ਸਾਗਰੁ ਤਾਰਿ ਮੁਰਾਰੀ॥੩॥੮॥		Bhav Saagar Thaar Muraaree ||3||8||	Please help me cross over the terrifying world-ocean, O Lord, O Destroyer of ego. ||3||8||	ਹੇ ਪ੍ਰਭੂ! ਤੂੰ ਮੈਨੂੰ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈ ॥੩॥੮॥
28513	656	ਸੋਰਠਿ		Sorathi	Sorat'h:	ਰਾਗ ਸੋਰਠਿ।
28514	656	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

28515	656	ਬਹੁ ਪਰਪੰਚ ਕਰਿ ਪਰ ਧਨੁ ਲਿਆਵੈ॥	(ਪਰਪੰਚ) ਠੱਗੀਆਂ	Bahu Parapanch Kar Par Dhhan Liaavai ||	Practicing great hypocrisy, he acquires the wealth of others.	ਕਈ ਤਰ੍ਹਾਂ ਦੀਆਂ ਠੱਗੀਆਂ ਕਰ ਕੇ ਤੂੰ ਪਰਾਇਆ ਮਾਲ ਲਿਆਉਂਦਾ ਹੈਂ,
28516	656	ਸੁਤ ਦਾਰਾ ਪਹਿ ਆਨਿ ਲੁਟਾਵੈ॥੧॥		Suth Dhaaraa Pehi Aan Luttaavai ||1||	Returning home, he squanders it on his wife and children. ||1||	ਤੇ ਲਿਆ ਕੇ ਆਪਣੇ ਪੁੱਤਰ ਤੇ ਵਹੁਟੀ ਦੇ ਹਵਾਲੇ ਕਰ ਦੇਂਦਾ ਹੈਂ ॥੧॥
28517	656	ਮਨ ਮੇਰੇ ਭੂਲੇ ਕਪਟੁ ਨ ਕੀਜੈ॥		Man Maerae Bhoolae Kapatt N Keejai ||	O my mind, do not practice deception, even inadvertently.	ਹੇ ਮੇਰੇ ਭੁੱਲੇ ਹੋਏ ਮਨ! (ਰੋਜ਼ੀ ਆਦਿਕ ਦੀ ਖ਼ਾਤਰ ਕਿਸੇ ਨਾਲ) ਧੋਖਾ ਫ਼ਰੇਬ ਨਾਹ ਕਰਿਆ ਕਰ।
28518	656	ਅੰਤਿ ਨਿਬੇਰਾ ਤੇਰੇ ਜੀਅ ਪਹਿ ਲੀਜੈ॥੧॥ਰਹਾਉ॥		Anth Nibaeraa Thaerae Jeea Pehi Leejai ||1|| Rehaao ||	In the end, your own soul shall have to answer for its account. ||1||Pause||	ਆਖ਼ਰ ਨੂੰ (ਇਹਨਾਂ ਮੰਦ ਕਰਮਾਂ ਦਾ) ਲੇਖਾ ਤੇਰੀ ਆਪਣੀ ਜਿੰਦ ਤੋਂ ਹੀ ਲਿਆ ਜਾਣਾ ਹੈ ॥੧॥ ਰਹਾਉ ॥
28519	656	ਛਿਨੁ ਛਿਨੁ ਤਨੁ ਛੀਜੈ ਜਰਾ ਜਨਾਵੈ॥		Shhin Shhin Than Shheejai Jaraa Janaavai ||	Moment by moment, the body is wearing away, and old age is asserting itself.	(ਵੇਖ, ਇਹਨਾਂ ਠੱਗੀਆਂ ਵਿਚ ਹੀ) ਸਹਿਜੇ ਸਹਿਜੇ ਤੇਰਾ ਆਪਣਾ ਸਰੀਰ ਕਮਜ਼ੋਰ ਹੁੰਦਾ ਜਾ ਰਿਹਾ ਹੈ, ਬੁਢੇਪੇ ਦੀਆਂ ਨਿਸ਼ਾਨੀਆਂ ਆ ਰਹੀਆਂ ਹਨ।
28520	656	ਤਬ ਤੇਰੀ ਓਕ ਕੋਈ ਪਾਨੀਓ ਨ ਪਾਵੈ॥੨॥		Thab Thaeree Ouk Koee Paaneeou N Paavai ||2||	And then, when you are old, no one shall pour water into your cup. ||2||	(ਜਦੋਂ ਤੂੰ ਬੁੱਢਾ ਹੋ ਗਿਆ, ਤੇ ਹਿੱਲਣ-ਜੋਗਾ ਨਾਹ ਰਿਹਾ) ਤਦੋਂ (ਇਹਨਾਂ ਵਿਚੋਂ, ਜਿਨ੍ਹਾਂ ਦੀ ਖ਼ਾਤਰ ਠੱਗੀ ਕਰਦਾ ਹੈਂ) ਕਿਸੇ ਨੇ ਤੇਰੇ ਬੁੱਕ ਵਿਚ ਪਾਣੀ ਵੀ ਨਹੀਂ ਪਾਣਾ ॥੨॥

28521	656	ਕਹਤੁ ਕਬੀਰੁ ਕੋਈ ਨਹੀ ਤੇਰਾ॥		Kehath Kabeer Koee Nehee Thaeraa ||	Says Kabeer, no one belongs to you.	(ਤੈਨੂੰ) ਕਬੀਰ ਆਖਦਾ ਹੈ-(ਹੇ ਜਿੰਦੇ!) ਕਿਸੇ ਨੇ ਭੀ ਤੇਰਾ (ਸਾਥੀ) ਨਹੀਂ ਬਣਨਾ।
28522	656	ਹਿਰਦੈ ਰਾਮੁ ਕੀ ਨ ਜਪਹਿ ਸਵੇਰਾ॥੩॥੯॥	(ਕੀ) ਕਿਉਂ। (ਸਵੇਰਾ) ਛੇਤੀ	Hiradhai Raam Kee N Japehi Savaeraa ||3||9||	Why not chant the Lord's Name in your heart, when you are still young? ||3||9||	(ਇੱਕ ਪ੍ਰਭੂ ਹੀ ਅਸਲ ਸਾਥੀ ਹੈ) ਤੂੰ ਵੇਲੇ ਸਿਰ (ਹੁਣੇ ਹੁਣੇ) ਉਸ ਪ੍ਰਭੂ ਨੂੰ ਕਿਉਂ ਆਪਣੇ ਹਿਰਦੇ ਵਿਚ ਨਹੀਂ ਸਿਮਰਦੀ? ॥੩॥੯॥
28523	656	ਸੰਤਹੁ ਮਨ ਪਵਨੈ ਸੁਖੁ ਬਨਿਆ॥		Santhahu Man Pavanai Sukh Baniaa ||	O Saints, my windy mind has now become peaceful and still.	ਹੇ ਸੰਤ ਜਨੋ! (ਮੇਰੇ) ਪਉਣ (ਵਰਗੇ ਚੰਚਲ) ਮਨ ਨੂੰ (ਹੁਣ) ਸੁਖ ਮਿਲ ਗਿਆ ਹੈ,
28524	656	ਕਿਛੁ ਜੋਗੁ ਪਰਾਪਤਿ ਗਨਿਆ॥ਰਹਾਉ॥		Kishh Jog Paraapath Ganiaa || Rehaao ||	It seems that I have learned something of the science of Yoga. ||Pause||	(ਹੁਣ ਇਹ ਮਨ ਪ੍ਰਭੂ ਦਾ ਮਿਲਾਪ) ਹਾਸਲ ਕਰਨ ਜੋਗਾ ਥੋੜਾ ਬਹੁਤ ਸਮਝਿਆ ਜਾ ਸਕਦਾ ਹੈ ਰਹਾਉ॥
28525	656	ਗੁਰਿ ਦਿਖਲਾਈ ਮੋਰੀ॥		Gur Dhikhalaaee Moree ||	The Guru has shown me the hole,	(ਕਿਉਂਕਿ) ਸਤਿਗੁਰੂ ਨੇ (ਮੈਨੂੰ ਮੇਰੀ ਉਹ) ਕਮਜ਼ੋਰੀ ਵਿਖਾ ਦਿੱਤੀ ਹੈ,
28526	656	ਜਿਤੁ ਮਿਰਗ ਪੜਤ ਹੈ ਚੋਰੀ॥		Jith Mirag Parrath Hai Choree ||	Through which the deer carefully enters.	ਜਿਸ ਕਰਕੇ (ਕਾਮਾਦਿਕ) ਪਸ਼ੂ ਅਡੋਲ ਹੀ (ਮੈਨੂੰ) ਆ ਦਬਾਉਂਦੇ ਸਨ।
28527	656	ਮੂੰਦਿ ਲੀਏ ਦਰਵਾਜੇ॥		Moondh Leeeae Dharavaajae ||	I have now closed off the doors,	(ਸੋ, ਮੈਂ ਗੁਰੂ ਦੀ ਮਿਹਰ ਨਾਲ ਸਰੀਰ ਦੇ) ਦਰਵਾਜ਼ੇ (ਗਿਆਨ-ਇੰਦ੍ਰੇ: ਪਰ ਨਿੰਦਾ, ਪਰ ਤਨ, ਪਰ ਧਨ ਆਦਿਕ ਵਲੋਂ) ਬੰਦ ਕਰ ਲਏ ਹਨ,

28528	656	ਬਾਜੀਅਲੇ ਅਨਹਦ ਬਾਜੇ॥੧॥		Baajeealae Anehadh Baajae ||1||	And the unstruck celestial sound current resounds. ||1||	ਤੇ (ਮੇਰੇ ਅੰਦਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ) ਵਾਜੇ ਇੱਕ-ਰਸ ਵੱਜਣ ਲੱਗ ਪਏ ਹਨ ॥੧॥
28529	656	ਕੁੰਭ ਕਮਲੁ ਜਲਿ ਭਰਿਆ॥	(ਕੁੰਭ) ਘੜਾ ਰੂਪ (ਕਮਲੁ) ਹਿਰਦਾ	Kunbh Kamal Jal Bhariaa ||	The pitcher of my heart-lotus is filled with water;	(ਮੇਰਾ) ਹਿਰਦਾ-ਕਮਲ ਰੂਪ ਘੜਾ (ਪਹਿਲਾਂ ਵਿਕਾਰਾਂ ਦੇ) ਪਾਣੀ ਨਾਲ ਭਰਿਆ ਹੋਇਆ ਸੀ,
28530	656	ਜਲੁ ਮੇਟਿਆ ਊਭਾ ਕਰਿਆ॥		Jal Maettiaa Oobhaa Kariaa ||	I have spilled out the water, and set it upright.	(ਹੁਣ ਗੁਰੂ ਦੀ ਬਰਕਤਿ ਨਾਲ ਮੈਂ ਉਹ) ਪਾਣੀ ਡੋਲ੍ਹ ਦਿੱਤਾ ਹੈ ਤੇ (ਹਿਰਦੇ ਨੂੰ) ਉੱਚਾ ਕਰ ਦਿੱਤਾ ਹੈ।
28531	656	ਕਹੁ ਕਬੀਰ ਜਨ ਜਾਨਿਆ॥		Kahu Kabeer Jan Jaaniaa ||	Says Kabeer, the Lord's humble servant, this I know.	ਕਬੀਰ ਆਖਦਾ ਹੈ- (ਹੁਣ) ਮੈਂ ਦਾਸ ਨੇ (ਪ੍ਰਭੂ ਨਾਲ) ਜਾਣ-ਪਛਾਣ ਕਰ ਲਈ ਹੈ,
28532	656	ਜਉ ਜਾਨਿਆ ਤਉ ਮਨੁ ਮਾਨਿਆ॥੨॥੧੦॥		Jo Jaaniaa Tho Man Maaniaa ||2||10||	Now that I know this, my mind is pleased and appeased. ||2||10||	ਤੇ ਜਦੋਂ ਤੋਂ ਇਹ ਸਾਂਝ ਪਾਈ ਹੈ, ਮੇਰਾ ਮਨ (ਉਸ ਪ੍ਰਭੂ ਵਿਚ ਹੀ) ਗਿੱਝ ਗਿਆ ਹੈ ॥੨॥੧੦॥
28533	656	ਰਾਗੁ ਸੋਰਠਿ॥		Raag Sorath ||	Raag Sorat'h:	
28534	656	ਭੂਖੇ ਭਗਤਿ ਨ ਕੀਜੈ॥	ਸੰਤਾਂ ਦੀ ਚਰਨਧੂੜ ਸੇਵਾ ਦੇ (ਭੁੱਖੇ) ਭੁੱਖੇ।	Bhookhae Bhagath N Keejai ||	I am so hungry, I cannot perform devotional worship service.	ਜੇ ਮਨੁੱਖ ਦੀ ਰੋਟੀ ਵਲੋਂ ਹੀ ਤ੍ਰਿਸ਼ਨਾ ਨਹੀਂ ਮੁੱਕੀ, ਤਾਂ ਉਹ ਪ੍ਰਭੂ ਦੀ ਭਗਤੀ ਨਹੀਂ ਕਰ ਸਕਦਾ, ਫਿਰ ਉਹ ਭਗਤੀ ਵਿਖਾਵੇ ਦੀ ਹੀ ਰਹਿ ਜਾਂਦੀ ਹੈ।

28535	656	ਯਹ ਮਾਲਾ ਅਪਨੀ ਲੀਜੈ॥	ਯਹ:ਯ ਤਾਲੂ ਤੋਂ ਬੋਲੋ	Yeh Maalaa Apanee Leejai ||	Here, Lord, take back Your mala.	ਹੇ ਪ੍ਰਭੂ! ਇਹ ਆਪਣੀ ਮਾਲਾ ਮੈਥੋਂ ਲੈ ਲਉ। (ਪ੍ਰਭੂ! ਇੱਕ ਤਾਂ ਮੈਨੂੰ ਰੋਟੀ ਵਲੋਂ ਬੇ-ਫ਼ਿਕਰ ਕਰ, ਦੂਜੇ)
28536	656	ਹਉ ਮਾਂਗਉ ਸੰਤਨ ਰੇਨਾ॥		Ho Maango Santhan Raenaa ||	I beg for the dust of the feet of the Saints.	ਮੈਂ ਸੰਤਾਂ ਦੀ ਚਰਨ-ਧੂੜ ਮੰਗਦਾ ਹਾਂ,
28537	656	ਮੈ ਨਾਹੀ ਕਿਸੀ ਕਾ ਦੇਨਾ॥੧॥		Mai Naahee Kisee Kaa Dhaenaa ||1||	I do not owe anyone anything. ||1||	ਤਾਕਿ ਮੈਂ ਕਿਸੇ ਦਾ ਮੁਥਾਜ ਨਾਹ ਹੋਵਾਂ ॥੧॥
28538	656	ਮਾਧੋ ਕੈਸੀ ਬਨੈ ਤੁਮ ਸੰਗੇ॥		Maadhho Kaisee Banai Thum Sangae ||	O Lord, how can I be with You?	ਹੇ ਪ੍ਰਭੂ! ਤੈਥੋਂ ਸ਼ਰਮ ਕੀਤਿਆਂ ਨਹੀਂ ਨਿਭ ਸਕਣੀ;
28539	656	ਆਪਿ ਨ ਦੇਹੁ ਤ ਲੇਵਉ ਮੰਗੇ॥ਰਹਾਉ॥		Aap N Dhaehu Th Laevo Mangae || Rehaao ||	If You do not give me Yourself, then I shall beg until I get You. ||Pause||	ਸੋ, ਜੇ ਤੂੰ ਆਪ ਨਾਹ ਦੇਵੇਂਗਾ, ਤਾਂ ਮੈਂ ਹੀ ਮੰਗ ਕੇ ਲੈ ਲਵਾਂਗਾ ਰਹਾਉ॥
28540	656	ਦੁਇ ਸੇਰ ਮਾਂਗਉ ਚੂਨਾ॥		Dhue Saer Maango Choonaa ||	I ask for two kilos of flour,	ਮੈਨੂੰ ਦੋ ਸੇਰ ਆਟੇ ਦੀ ਲੋੜ ਹੈ,
28541	656	ਪਾਉ ਘੀਉ ਸੰਗਿ ਲੂਨਾ॥		Paao Gheeo Sang Loonaa ||	And half a pound of ghee, and salt.	ਇਕ ਪਾਉ ਘਿਉ ਤੇ ਕੁਝ ਲੂਣ ਚਾਹੀਦਾ ਹੈ,
28542	656	ਅਧ ਸੇਰੁ ਮਾਂਗਉ ਦਾਲੇ॥		Adhh Saer Maango Dhaalae ||	I ask for a pound of beans,	ਮੈਂ ਤੈਥੋਂ ਅੱਧ ਸੇਰ ਦਾਲ ਮੰਗਦਾ ਹਾਂ-

28543	656	ਮੋਕਉ ਦੋਨਉ ਵਖਤ ਜਿਵਾਲੇ॥੨॥		Mo Ko Dhono Vakhath Jivaalae ||2||	Which I shall eat twice a day. ||2||	ਇਹ ਚੀਜ਼ਾ ਮੇਰੇ ਦੋਹਾਂ ਵੇਲਿਆਂ ਦੀ ਗੁਜ਼ਰਾਨ ਲਈ ਕਾਫ਼ੀ ਹਨ ॥੨॥
28544	656	ਖਾਟ ਮਾਂਗਉ ਚਉਪਾਈ॥		Khaatt Maango Choupaaee ||	I ask for a cot, with four legs,	ਸਾਬਤ ਮੰਜੀ ਮੰਗਦਾ ਹਾਂ,
28545	656	ਸਿਰਹਾਨਾ ਅਵਰ ਤੁਲਾਈ॥		Sirehaanaa Avar Thulaaee ||	And a pillow and mattress.	ਸਿਰਾਣਾ ਤੇ ਤੁਲਾਈ ਭੀ।
28546	656	ਊਪਰ ਕਉ ਮਾਂਗਉ ਖੀਂਧਾ॥		Oopar Ko Maango Kheenadhhaa ||	I ask for a quit to cover myself.	ਉਪਰ ਲੈਣ ਲਈ ਰਜ਼ਾਈ ਦੀ ਲੋੜ ਹੈ-
28547	656	ਤੇਰੀ ਭਗਤਿ ਕਰੈ ਜਨੁ ਥੰਧਾ॥੩॥	(ਥੰਧਾ) ਸਨਿਗਧ। (ਪਠੰਤ੍ਰ ਬੀਧਾ)	Thaeree Bhagath Karai Jan Thhanaeedhhaa ||3||	Your humble servant shall perform Your devotional worship service with love. ||3||	ਬੱਸ! ਫਿਰ ਤੇਰਾ ਭਗਤ (ਸਰੀਰਕ ਲੋੜਾਂ ਵਲੋਂ ਬੇ-ਫ਼ਿਕਰ ਹੋ ਕੇ) ਤੇਰੇ ਪ੍ਰੇਮ ਵਿਚ ਭਿੱਜ ਕੇ ਤੇਰੀ ਭਗਤੀ ਕਰੇਗਾ ॥੩॥
28548	656	ਮੈ ਨਾਹੀ ਕੀਤਾ ਲਬੋ॥	ਲੱਬੋ	Mai Naahee Keethaa Labo ||	I have no greed;	ਹੇ ਪ੍ਰਭੂ! ਮੈਂ (ਮੰਗਣ ਵਿਚ) ਕੋਈ ਲਾਲਚ ਨਹੀਂ ਕੀਤਾ,
28549	656	ਇਕੁ ਨਾਉ ਤੇਰਾ ਮੈ ਫਬੋ॥	ਫੱਬੋ	Eik Naao Thaeraa Mai Fabo ||	Your Name is the only ornament I wish for.	ਕਿਉਂਕਿ (ਉਹ ਚੀਜ਼ਾਂ ਤਾਂ ਸਰੀਰਕ ਨਿਰਬਾਹ-ਮਾਤ੍ਰ ਹਨ) ਅਸਲ ਵਿਚ ਤਾਂ ਮੈਨੂੰ ਤੇਰਾ ਨਾਮ ਹੀ ਪਿਆਰਾ ਹੈ।
28550	656	ਕਹਿ ਕਬੀਰ ਮਨੁ ਮਾਨਿਆ॥		Kehi Kabeer Man Maaniaa ||	Says Kabeer, my mind is pleased and appeased;	ਕਬੀਰ ਆਖਦਾ ਹੈ- ਮੇਰਾ ਮਨ (ਤੇਰੇ ਨਾਮ ਵਿਚ) ਪਰਚਿਆ ਹੋਇਆ ਹੈ,

28551	656	ਮਨੁ ਮਾਨਿਆ ਤਉ ਹਰਿ ਜਾਨਿਆ॥੪॥੧੧॥		Man Maaniaa Tho Har Jaaniaa ||4||11||	Now that my mind is pleased and appeased, I have come to know the Lord. ||4||11||	ਤੇ ਜਦੋਂ ਦਾ ਪਰਚਿਆ ਹੈ ਤਦੋਂ ਤੋਂ ਤੇਰੇ ਨਾਲ ਮੇਰੀ (ਡੂੰਘੀ) ਜਾਣ-ਪਛਾਣ ਹੋ ਗਈ ਹੈ ॥੪॥੧੧॥
28552	656	ਰਾਗੁ ਸੋਰਠਿ ਬਾਣੀ ਭਗਤ ਨਾਮਦੇ ਜੀ ਕੀ ਘਰੁ ੨		Raag Sorath Baanee Bhagath Naamadhae Jee Kee Ghar 2	Raag Sorat'h, The Word Of Devotee Naam Dayv Jee, Second House:	ਰਾਗ ਸੋਰਠਿ, ਘਰ ੨ ਵਿੱਚ ਭਗਤ ਨਾਮਦੇਵ ਜੀ ਦੀ ਬਾਣੀ।
28553	656	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
28554	656	ਜਬ ਦੇਖਾ ਤਬ ਗਾਵਾ॥		Jab Dhaekhaa Thab Gaavaa ||	When I see Him, I sing His Praises.	(ਹੁਣ ਸ਼ਬਦ ਦੀ ਬਰਕਤਿ ਦਾ ਸਦਕਾ) ਜਿਉਂ ਜਿਉਂ ਮੈਂ ਪਰਮਾਤਮਾ ਦਾ (ਹਰ ਥਾਂ) ਦੀਦਾਰ ਕਰਦਾ ਹਾਂ ਮੈਂ (ਆਪ-ਮੁਹਾਰਾ) ਉਸ ਦੀ ਸਿਫ਼ਤ-ਸਾਲਾਹ ਕਰਦਾ ਹਾਂ,
28555	656	ਤਉ ਜਨ ਧੀਰਜੁ ਪਾਵਾ॥੧॥		Tho Jan Dhheeraj Paavaa ||1||	Then I, his humble servant, become patient. ||1||	ਤੇ ਹੇ ਭਾਈ! ਮੇਰੇ ਅੰਦਰ ਠੰਢ ਪੈਂਦੀ ਜਾਂਦੀ ਹੈ ॥੧॥

28556	657	ਨਾਦਿ ਸਮਾਇਲੋ ਰੇ ਸਤਿਗੁਰੁ ਭੇਟਿਲੇ ਦੇਵਾ॥੧॥ਰਹਾਉ॥	(ਭੇਟਿਲੇ) ਮਿਲੇ। ਸਮਾਇ-ਲੋ	Naadh Samaaeilo Rae Sathigur Bhaettilae Dhaevaa ||1|| Rehaao ||	Meeting the Divine True Guru, I merge into the sound current of the Naad. ||1||Pause||	ਹੇ ਭਾਈ! ਮੈਨੂੰ ਪ੍ਰਭੂ-ਦੇਵ ਨੇ ਸਤਿਗੁਰੂ ਮਿਲਾ ਦਿੱਤਾ ਹੈ, (ਉਸ ਦੀ ਬਰਕਤਿ ਨਾਲ, ਮੇਰਾ ਮਨ) ਉਸ ਦੇ ਸ਼ਬਦ ਵਿਚ ਲੀਨ ਹੋ ਗਿਆ ਹੈ ॥੧॥ ਰਹਾਉ ॥
28557	657	ਜਹ ਝਿਲਿਮਿਲਿਕਾਰੁ ਦਿਸੰਤਾ॥	(ਝਿਲਿ-ਮਿਲਿ-ਕਾਰੁ)ਇੱਕਰਸ ਬੱਝਵਾਂ ਪ੍ਰਕਾਸ਼ ਹੀ ਪ੍ਰਕਾਸ਼ (ਦਿਸੰਤਾ) ਦਿਸਦਾ	Jeh Jhil Mil Kaar Dhisanthaa ||	Where the dazzling white light is seen,	(ਹੇ ਭਾਈ!) ਜਿਸ ਮਨ ਵਿਚ ਪਹਿਲਾਂ ਚੰਚਲਤਾ ਦਿੱਸ ਰਹੀ ਸੀ,
28558	657	ਤਹ ਅਨਹਦ ਸਬਦ ਬਜੰਤਾ॥		Theh Anehadh Sabadh Bajanthaa ||	There the unstruck sound current of the Shabad resounds.	ਉੱਥੇ ਹੁਣ ਇੱਕ-ਰਸ ਗੁਰ-ਸ਼ਬਦ ਦਾ ਪ੍ਰਭਾਵ ਪੈ ਰਿਹਾ ਹੈ।
28559	657	ਜੋਤੀ ਜੋਤਿ ਸਮਾਨੀ॥		Jothee Joth Samaanee ||	One's light merges in the Light;	ਹੁਣ ਮੇਰੀ ਆਤਮਾ ਪਰਮਾਤਮਾ ਵਿਚ ਮਿਲ ਗਈ ਹੈ,
28560	657	ਮੈ ਗੁਰ ਪਰਸਾਦੀ ਜਾਨੀ॥੨॥		Mai Gur Parasaadhee Jaanee ||2||	By Guru's Grace, I know this. ||2||	ਸਤਿਗੁਰੂ ਦੀ ਕਿਰਪਾ ਨਾਲ ਮੈਂ ਉਸ ਜੋਤਿ ਨੂੰ ਪਛਾਣ ਲਿਆ ਹੈ ॥੨॥
28561	657	ਰਤਨ ਕਮਲ ਕੋਠਰੀ॥		Rathan Kamal Kotharee ||	The jewels are in the treasure chamber of the heart-lotus.	ਮੇਰੇ ਹਿਰਦੇ-ਕਮਲ ਦੀ ਕੋਠੜੀ ਵਿਚ ਰਤਨ ਸਨ (ਪਰ ਲੁਕੇ ਹੋਏ ਸਨ);
28562	657	ਚਮਕਾਰ ਬੀਜੁਲ ਤਹੀ॥		Chamakaar Beejul Thehee ||	They sparkle and glitter like lightning.	ਹੁਣ ਉੱਥੇ (ਗੁਰੂ ਦੀ ਮਿਹਰ ਸਦਕਾ, ਮਾਨੋ) ਬਿਜਲੀ ਦੀ ਲਿਸ਼ਕ (ਵਰਗਾ ਚਾਨਣ) ਹੈ (ਤੇ ਉਹ ਰਤਨ ਦਿੱਸ ਪਏ ਹਨ)।

28563	657	ਨੇਰੈ ਨਾਹੀ ਦੂਰਿ॥		Naerai Naahee Dhoor ||	The Lord is near at hand, not far away.	ਹੁਣ ਪ੍ਰਭੂ ਕਿਤੇ ਦੂਰ ਨਹੀਂ ਜਾਪਦਾ, ਨੇੜੇ ਦਿੱਸਦਾ ਹੈ,
28564	657	ਨਿਜ ਆਤਮੈ ਰਹਿਆ ਭਰਪੂਰਿ॥੩॥		Nij Aathamai Rehiaa Bharapoor ||3||	He is totally permeating and pervading in my soul. ||3||	ਮੈਨੂੰ ਆਪਣੇ ਅੰਦਰ ਹੀ ਭਰਪੂਰ ਦਿੱਸਦਾ ਹੈ ॥੩॥
28565	657	ਜਹ ਅਨਹਤ ਸੂਰ ਉਜ੍ਯਾਰਾ॥	ਉਜਿਆਰਾ	Jeh Anehath Soor Oujyaaraa ||	Where the light of the undying sun shines,	ਜਿਸ ਮਨ ਵਿਚ ਹੁਣ ਇੱਕ-ਰਸ ਸੂਰਜ ਦੇ ਚਾਨਣ ਵਰਗਾ ਚਾਨਣ ਹੈ,
28566	657	ਤਹ ਦੀਪਕ ਜਲੈ ਛੰਛਾਰਾ॥	(ਛੰਛਾਰਾ) ਧੁੰਦਲਾਪਨ ਰਹਿਤ	Theh Dheepak Jalai Shhanshhaaraa ||	The light of burning lamps seems insignificant.	ਇੱਥੇ ਪਹਿਲਾਂ (ਮਾਨੋ) ਮੱਧਮ ਜਿਹਾ ਦੀਵਾ ਬਲ ਰਿਹਾ ਸੀ।
28567	657	ਗੁਰ ਪਰਸਾਦੀ ਜਾਨਿਆ॥		Gur Parasaadhee Jaaniaa ||	By Guru's Grace, I know this.	ਹੁਣ ਗੁਰੂ ਦੀ ਕਿਰਪਾ ਨਾਲ ਮੇਰੀ ਉਸ ਪ੍ਰਭੂ ਨਾਲ ਜਾਣ-ਪਛਾਣ ਹੋ ਗਈ ਹੈ,
28568	657	ਜਨੁ ਨਾਮਾ ਸਹਜ ਸਮਾਨਿਆ॥੪॥੧॥		Jan Naamaa Sehaj Samaaniaa ||4||1||	Servant Naam Dayv is absorbed in the Celestial Lord. ||4||1||	ਤੇ ਮੈਂ ਦਾਸ ਨਾਮਦੇਵ ਅਡੋਲ ਅਵਸਥਾ ਵਿਚ ਟਿਕ ਗਿਆ ਹਾਂ ॥੪॥੧॥
28569	657	ਘਰੁ ੪ ਸੋਰਠਿ॥		Ghar 4 Sorath ||	Fourth House, Sorat'h:	
28570	657	ਪਾੜ ਪੜੋਸਣਿ ਪੂਛਿ ਲੇ ਨਾਮਾ ਕਾ ਪਹਿ ਛਾਨਿ ਛਵਾਈ ਹੋ॥		Paarr Parrosan Pooshh Lae Naamaa Kaa Pehi Shhaan Shhavaaee Ho ||	The woman next door asked Naam Dayv, ""Who built your house?	ਨਾਲ ਦੀ ਗੁਆਂਢਣ ਨੇ ਪੁੱਛਿਆ- ਹੇ ਨਾਮੇ! ਤੂੰ ਆਪਣੀ ਛੰਨ ਕਿਸ ਪਾਸੋਂ ਬਣਵਾਈ ਹੈ?

28571	657	ਤੋ ਪਹਿ ਦੁਗਣੀ ਮਜੂਰੀ ਦੈਹਉ ਮੋਕਉ ਬੇਢੀ ਦੇਹੁ ਬਤਾਈ ਹੋ॥੧॥	ਛੰਨ ਬੰਨ੍ਹਣ ਵਾਲਾ (ਬੇਢੀ) ਬਾਨ੍ਹਾਂ। ਦੁੱਗਣੀ	Tho Pehi Dhuganee Majooree Dhaiho Mo Ko Baedtee Dhaehu Bathaaee Ho ||1||	I shall pay him double wages. Tell me, who is your carpenter?""||1||	ਮੈਨੂੰ ਉਸ ਤਰਖਾਣ ਦੀ ਦੱਸ ਪਾ, ਮੈਂ ਤੇਰੇ ਨਾਲੋਂ ਦੂਣੀ ਮਜੂਰੀ ਦੇ ਦਿਆਂਗੀ ॥੧॥
28572	657	ਰੀ ਬਾਈ ਬੇਢੀ ਦੇਨੁ ਨ ਜਾਈ॥		Ree Baaee Baedtee Dhaen N Jaaee ||	O sister, I cannot give this carpenter to you.	ਹੇ ਭੈਣ! ਉਸ ਤਰਖਾਣ ਦੀ (ਇਸ ਤਰ੍ਹਾਂ) ਦੱਸ ਨਹੀਂ ਪਾਈ ਜਾ ਸਕਦੀ;
28573	657	ਦੇਖੁ ਬੇਢੀ ਰਹਿਓ ਸਮਾਈ॥		Dhaekh Baedtee Rehiou Samaaee ||	Behold, my carpenter is pervading everywhere.	ਵੇਖ, ਉਹ ਤਰਖਾਣ ਹਰ ਥਾਂ ਮੌਜੂਦ ਹੈ,
28574	657	ਹਮਾਰੈ ਬੇਢੀ ਪ੍ਰਾਣ ਅਧਾਰਾ॥੧॥ਰਹਾਉ ॥		Hamaarai Baedtee Praan Adhhaaraa ||1|| Rehaao ||	My carpenter is the Support of the breath of life. ||1||Pause||	ਤੇ ਉਹ ਮੇਰੀ ਜਿੰਦ ਦਾ ਆਸਰਾ ਹੈ ॥੧॥ ਰਹਾਉ ॥
28575	657	ਬੇਢੀ ਪ੍ਰੀਤਿ ਮਜੂਰੀ ਮਾਂਗੈ ਜਉ ਕੋਊ ਛਾਨਿ ਛਵਾਵੈ ਹੋ॥		Baedtee Preeth Majooree Maangai Jo Kooo Shhaan Shhavaavai Ho ||	This carpenter demands the wages of love, if someone wants Him to build their house.	(ਹੇ ਭੈਣ!) ਜੇ ਕੋਈ ਮਨੁੱਖ (ਉਸ ਤਰਖਾਣ ਪਾਸੋਂ) ਛੰਨ ਬਣਵਾਏ ਤਾਂ ਉਹ ਤਰਖਾਣ ਪ੍ਰੀਤ (ਦੀ) ਮਜੂਰੀ ਮੰਗਦਾ ਹੈ।
28576	657	ਲੋਗ ਕੁਟੰਬ ਸਭਹੁ ਤੇ ਤੋਰੈ ਤਉ ਆਪਨ ਬੇਢੀ ਆਵੈ ਹੋ॥੨॥		Log Kuttanb Sabhahu Thae Thorai Tho Aapan Baedtee Aavai Ho ||2||	When one breaks his ties with all the people and relatives, then the carpenter comes of His own accord. ||2||	(ਪ੍ਰੀਤ ਭੀ ਅਜਿਹੀ ਹੋਵੇ ਕਿ ਲੋਕਾਂ ਨਾਲੋਂ, ਪਰਵਾਰ ਨਾਲੋਂ, ਸਭਨਾਂ ਨਾਲੋਂ, ਮੋਹ ਤੋੜ ਲਏ; ਤਾਂ ਉਹ ਤਰਖਾਣ ਆਪਣੇ ਆਪ ਆ ਜਾਂਦਾ ਹੈ) ॥੨॥

28577	657	ਐਸੋ ਬੇਢੀ ਬਰਨਿ ਨ ਸਾਕਉ ਸਭ ਅੰਤਰ ਸਭ ਠਾਂਈ ਹੋ॥		Aiso Baedtee Baran N Saako Sabh Anthar Sabh Thaanee Ho ||	I cannot describe such a carpenter, who is contained in everything, everywhere.	(ਹੇ ਭੈਣ!) ਮੈਂ (ਉਸ) ਐਸੇ ਤਰਖਾਣ ਦਾ ਸਰੂਪ ਬਿਆਨ ਨਹੀਂ ਕਰ ਸਕਦਾ। (ਉਂਞ) ਉਹ ਸਭਨਾਂ ਵਿਚ ਹੈ, ਉਹ ਸਭ ਥਾਈਂ ਹੈ।
28578	657	ਗੂੰਗੈ ਮਹਾ ਅੰਮ੍ਰਿਤ ਰਸੁ ਚਾਖਿਆ ਪੂਛੇ ਕਹਨੁ ਨ ਜਾਈ ਹੋ॥੩॥		Goongai Mehaa Anmrith Ras Chaakhiaa Pooshhae Kehan N Jaaee Ho ||3||	The mute tastes the most sublime ambrosial nectar, but if you ask him to describe it, he cannot. ||3||	(ਜਿਵੇਂ) ਜੇ ਕੋਈ ਗੂੰਗਾ ਬੜਾ ਸੁਆਦਲਾ ਪਦਾਰਥ ਖਾਏ ਤਾਂ ਪੁੱਛਿਆਂ (ਉਸ ਪਾਸੋਂ ਉਸ ਦਾ ਸੁਆਦ) ਦੱਸਿਆ ਨਹੀਂ ਜਾ ਸਕਦਾ ॥੩॥
28579	657	ਬੇਢੀ ਕੇ ਗੁਣ ਸੁਨਿ ਰੀ ਬਾਈ ਜਲਧਿ ਬਾਂਧਿ ਧ੍ਰੂ ਥਾਪਿਓ ਹੋ॥	(ਜਲਧਿ) ਸਮੁੰਦਰ	Baedtee Kae Gun Sun Ree Baaee Jaladhh Baandhh Dhhroo Thhaapiou Ho ||	Listen to the virtues of this carpenter, O sister; He stopped the oceans, and established Dhroo as the pole star.	ਹੇ ਭੈਣ! ਉਸ ਤਰਖਾਣ ਦੇ (ਕੁਝ ਥੋੜੇ ਜਿਹੇ) ਗੁਣ ਸੁਣ ਲੈ-ਉਸ ਨੇ ਧ੍ਰੂ ਨੂੰ ਅਟੱਲ ਪਦਵੀ ਦਿੱਤੀ, ਉਸ ਨੇ ਸਮੁੰਦਰ (ਤੇ ਪੁਲ) ਬੱਧਾ,
28580	657	ਨਾਮੇ ਕੇ ਸੁਆਮੀ ਸੀਅ ਬਹੋਰੀ ਲੰਕ ਭਭੀਖਣ ਆਪਿਓ ਹੋ॥੪॥੨॥	(ਸੀਅ) ਮਾਤਾ ਸੀਤਾ ਜੀ। (ਬਹੋਰੀ) ਵਾਪਿਸ ਲਿਆਂਦੇ। (ਆਪਿਓ) ਅਰਪੀ	Naamae Kae Suaamee Seea Behoree Lank Bhabheekhan Aapiou Ho ||4||2||	Naam Dayv's Lord Master brought Sita back, and gave Sri Lanka to Bhabheekhan. ||4||2||	ਨਾਮਦੇਵ ਦੇ (ਉਸ ਤਰਖਾਣ) ਨੇ (ਲੰਕਾਂ ਤੋਂ) ਸੀਤਾ ਮੋੜ ਕੇ ਲਿਆਂਦੀ ਤੇ ਭਭੀਖਣ ਨੂੰ ਲੰਕਾ ਦਾ ਮਾਲਕ ਬਣਾ ਦਿੱਤਾ ॥੪॥੨॥
28581	657	ਸੋਰਠਿ ਘਰੁ ੩॥		Sorath Ghar 3 ||	Sorat'h, Third House:	
28582	657	ਅਣਮੜਿਆ ਮੰਦਲੁ ਬਾਜੈ॥	(ਮੰਦਲੁ) ਢੋਲ। ਅਣ-ਮੜਿਆ	Anamarriaa Mandhal Baajai ||	The skinless drum plays.	(ਉਸ ਮਨੁੱਖ ਦੇ ਅੰਦਰ) ਢੋਲ ਵੱਜਣ ਲੱਗ ਪੈਂਦਾ ਹੈ (ਪਰ ਉਹ ਢੋਲ ਖੱਲ ਨਾਲ) ਮੜ੍ਹਿਆ ਹੋਇਆ ਨਹੀਂ ਹੁੰਦਾ,

28583	657	ਬਿਨੁ ਸਾਵਣ ਘਨਹਰੁ ਗਾਜੈ॥	(ਘਨਹਰੁ) ਬੱਦਲ	Bin Saavan Ghanehar Gaajai ||	Without the rainy season, the clouds shake with thunder.	(ਉਸ ਦੇ ਮਨ ਵਿਚ) ਬੱਦਲ ਗੱਜਣ ਲੱਗ ਪੈਂਦਾ ਹੈ, ਪਰ ਉਹ ਬੱਦਲ ਸਾਵਣ ਮਹੀਨੇ ਦੀ ਉਡੀਕ ਨਹੀਂ ਕਰਦਾ (ਭਾਵ, ਹਰ ਵੇਲੇ ਗੱਜਦਾ ਹੈ),
28584	657	ਬਾਦਲ ਬਿਨੁ ਬਰਖਾ ਹੋਈ॥		Baadhal Bin Barakhaa Hoee ||	Without clouds, the rain falls,	ਉਸ ਦੇ ਅੰਦਰ ਬੱਦਲਾਂ ਤੋਂ ਬਿਨਾ ਹੀ ਮੀਂਹ ਪੈਣ ਲੱਗ ਜਾਂਦਾ ਹੈ (ਬੱਦਲ ਤਾਂ ਕਦੇ ਆਏ ਤੇ ਕਦੇ ਚਲੇ ਗਏ, ਉੱਥੇ ਹਰ ਵੇਲੇ ਹੀ ਨਾਮ ਦੀ ਵਰਖਾ ਹੁੰਦੀ ਹੈ)
28585	657	ਜਉ ਤਤੁ ਬਿਚਾਰੈ ਕੋਈ॥੧॥		Jo Thath Bichaarai Koee ||1||	If one contemplates the essence of reality. ||1||	ਜਿਹੜਾ ਭੀ ਕੋਈ ਮਨੁੱਖ ਅਸਲੀਅਤ ਨੂੰ ਵਿਚਾਰਦਾ ਹੈ (ਭਾਵ, ਜਿਸ ਦੇ ਭੀ ਅੰਦਰ ਇਹ ਮੇਲ-ਅਵਸਥਾ ਵਾਪਰਦੀ ਹੈ ॥੧॥
28586	657	ਮੋਕਉ ਮਿਲਿਓ ਰਾਮੁ ਸਨੇਹੀ॥		Mo Ko Miliou Raam Sanaehee ||	I have met my Beloved Lord.	ਮੈਨੂੰ ਪਿਆਰਾ ਰਾਮ ਮਿਲ ਪਿਆ ਹੈ,
28587	657	ਜਿਹ ਮਿਲਿਐ ਦੇਹ ਸੁਦੇਹੀ॥੧॥ਰਹਾਉ॥	(ਸੁਦੇਹੀ) ਪਰਮਪਵਿੱਤ੍ਰ	Jih Miliai Dhaeh Sudhaehee ||1|| Rehaao ||	Meeting with Him, my body is made beauteous and sublime. ||1||Pause||	ਜਿਸ ਦੇ ਮਿਲਣ ਦੀ ਬਰਕਤਿ ਨਾਲ ਮੇਰਾ ਸਰੀਰ ਭੀ ਚਮਕ ਪਿਆ ਹੈ ॥੧॥ ਰਹਾਉ ॥

28588	657	ਮਿਲਿ ਪਾਰਸ ਕੰਚਨੁ ਹੋਇਆ॥		Mil Paaras Kanchan Hoeiaa ||	Touching the philosopher's stone, I have been transformed into gold.	ਜਿਵੇਂ ਪਾਰਸ ਨਾਲ ਛੋਹ ਕੇ (ਲੋਹਾ) ਸੋਨਾ ਬਣ ਜਾਂਦਾ ਹੈ,
28589	657	ਮੁਖ ਮਨਸਾ ਰਤਨੁ ਪਰੋਇਆ॥		Mukh Manasaa Rathan Paroeiaa ||	I have threaded the jewels into my mouth and mind.	ਹੁਣ ਮੇਰੇ ਬਚਨਾਂ ਵਿਚ ਤੇ ਖ਼ਿਆਲਾਂ ਵਿਚ ਨਾਮ-ਰਤਨ ਹੀ ਪਰੋਤਾ ਗਿਆ ਹੈ।
28590	657	ਨਿਜ ਭਾਉ ਭਇਆ ਭ੍ਰਮੁ ਭਾਗਾ॥		Nij Bhaao Bhaeiaa Bhram Bhaagaa ||	I love Him as my own, and my doubt has been dispelled.	(ਪ੍ਰਭੂ ਨਾਲ ਹੁਣ) ਮੇਰਾ ਆਪਣਿਆਂ ਵਾਲਾ ਪਿਆਰ ਪੈ ਗਿਆ ਹੈ, (ਇਹ) ਭੁਲੇਖਾ ਰਹਿ ਹੀ ਨਹੀਂ ਗਿਆ (ਕਿ ਕਿਤੇ ਕੋਈ ਓਪਰਾ ਭੀ ਹੈ)
28591	657	ਗੁਰ ਪੂਛੇ ਮਨੁ ਪਤੀਆਗਾ॥੨॥		Gur Pooshhae Man Patheeaagaa ||2||	Seeking the Guru's guidance, my mind is content. ||2||	ਸਤਿਗੁਰੂ ਦੀ ਸਿੱਖਿਆ ਲੈ ਕੇ ਮੇਰਾ ਮਨ ਪਤੀਜ ਗਿਆ ਹੈ (ਤੇ ਸੁਅੱਛ ਹੋ ਗਿਆ ਹੈ) ॥੨॥
28592	657	ਜਲ ਭੀਤਰਿ ਕੁੰਭ ਸਮਾਨਿਆ॥	ਪਾਣੀ ਦਾ (ਕੁੰਭ) ਘੜਾ	Jal Bheethar Kunbh Samaaniaa ||	The water is contained within the pitcher;	(ਜਿਵੇਂ ਸਮੁੰਦਰ ਦੇ) ਪਾਣੀ ਵਿਚ ਘੜੇ ਦਾ ਪਾਣੀ ਮਿਲ ਜਾਂਦਾ ਹੈ (ਤੇ ਆਪਣੀ ਵੱਖਰੀ ਹਸਤੀ ਮਿਟਾ ਲੈਂਦਾ ਹੈ),
28593	657	ਸਭ ਰਾਮੁ ਏਕੁ ਕਰਿ ਜਾਨਿਆ॥		Sabh Raam Eaek Kar Jaaniaa ||	I know that the One Lord is contained in all.	ਮੈਨੂੰ ਭੀ ਹੁਣ ਹਰ ਥਾਂ ਰਾਮ ਹੀ ਰਾਮ ਦਿੱਸਦਾ ਹੈ (ਮੇਰੀ ਆਪਣੀ ਅਪਣੱਤ ਰਹੀ ਹੀ ਨਹੀਂ)।
28594	657	ਗੁਰ ਚੇਲੇ ਹੈ ਮਨੁ ਮਾਨਿਆ॥		Gur Chaelae Hai Man Maaniaa ||	The mind of the disciple has faith in the Guru.	ਆਪਣੇ ਸਤਿਗੁਰੂ ਨਾਲ ਮੇਰਾ ਮਨ ਇਕ-ਮਿਕ ਹੋ ਗਿਆ ਹੈ,

28595	657	ਜਨ ਨਾਮੈ ਤਤੁ ਪਛਾਨਿਆ॥੩॥੩॥		Jan Naamai Thath Pashhaaniaa ||3||3||	Servant Naam Dayv understands the essence of reality. ||3||3||	ਤੇ ਮੈਂ ਦਾਸ ਨਾਮੇ ਨੇ (ਜਗਤ ਦੇ) ਅਸਲੇ ਪਰਮਾਤਮਾ ਨਾਲ (ਪੱਕੀ) ਸਾਂਝ ਪਾ ਲਈ ਹੈ ॥੩॥੩॥
28596	657	ਰਾਗੁ ਸੋਰਠਿ ਬਾਣੀ ਭਗਤ ਰਵਿਦਾਸ ਜੀ ਕੀ		Raag Sorath Baanee Bhagath Ravidhaas Jee Kee	Raag Sorat'h, The Word Of Devotee Ravi Daas Jee:	ਰਾਗ ਸੋਰਠਿ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ।
28597	657	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
28598	657	ਜਬ ਹਮ ਹੋਤੇ ਤਬ ਤੂ ਨਾਹੀ ਅਬ ਤੂਹੀ ਮੈ ਨਾਹੀ॥		Jab Ham Hothae Thab Thoo Naahee Ab Thoohee Mai Naahee ||	When I am in my ego, then You are not with me. Now that You are with me, there is no egotism within me.	(ਹੇ ਮਾਧੋ!) ਜਿਤਨਾ ਚਿਰ ਅਸਾਂ ਜੀਵਾਂ ਦੇ ਅੰਦਰ ਹਉਮੈ ਰਹਿੰਦੀ ਹੈ, ਉਤਨਾ ਚਿਰ ਤੂੰ (ਅਸਾਡੇ ਅੰਦਰ) ਪਰਗਟ ਨਹੀਂ ਹੁੰਦਾ, ਪਰ ਜਦੋਂ ਤੂੰ ਪ੍ਰਤੱਖ ਹੁੰਦਾ ਹੈਂ ਤਦੋਂ ਅਸਾਡੀ 'ਮੈਂ' ਦੂਰ ਹੋ ਜਾਂਦੀ ਹੈ।

28599	657	ਅਨਲ ਅਗਮ ਜੈਸੇ ਲਹਰਿ ਮਇ ਓਦਧਿ ਜਲ ਕੇਵਲ ਜਲ ਮਾਂਹੀ॥੧॥	(ਅਨਲ) ਹਵਾ। (ਮਇ) ਰੂਪ। (ਓਦਧਿ) ਸਮੁੰਦ੍ਰ	Anal Agam Jaisae Lehar Mae Oudhadhh Jal Kaeval Jal Maanhee ||1||	The wind may raise up huge waves in the vast ocean, but they are just water in water. ||1||	(ਇਸ 'ਮੈਂ' ਦੇ ਹਟਣ ਨਾਲ ਇਹ ਸਮਝ ਆ ਜਾਂਦੀ ਹੈ ਕਿ) ਜਿਵੇਂ ਬੜਾ ਤੂਫ਼ਾਨ ਆਇਆਂ ਸਮੁੰਦਰ ਲਹਿਰਾਂ ਨਾਲ ਨਕਾ-ਨਕ ਭਰ ਜਾਂਦਾ ਹੈ, ਪਰ ਅਸਲ ਵਿਚ ਉਹ (ਲਹਿਰਾਂ ਸਮੁੰਦਰ ਦੇ) ਪਾਣੀ ਵਿਚ ਪਾਣੀ ਹੀ ਹੈ (ਤਿਵੇਂ ਇਹ ਸਾਰੇ ਜੀਆ ਜੰਤ ਤੇਰਾ ਆਪਣਾ ਹੀ ਵਿਕਾਸ ਹੈ) ॥੧॥
28600	657	ਮਾਧਵੇ ਕਿਆ ਕਹੀਐ ਭ੍ਰਮੁ ਐਸਾ॥		Maadhhavae Kiaa Keheeai Bhram Aisaa ||	O Lord, what can I say about such an illusion?	ਹੇ ਮਾਧੋ! ਅਸਾਂ ਜੀਵਾਂ ਨੂੰ ਕੁਝ ਅਜਿਹਾ ਭੁਲੇਖਾ ਪਿਆ ਹੋਇਆ ਹੈ ਕਿ ਇਹ ਬਿਆਨ ਨਹੀਂ ਕੀਤਾ ਜਾ ਸਕਦਾ।
28601	657	ਜੈਸਾ ਮਾਨੀਐ ਹੋਇ ਨ ਤੈਸਾ॥੧॥ਰਹਾਉ॥		Jaisaa Maaneeai Hoe N Thaisaa ||1|| Rehaao ||	Things are not as they seem. ||1||Pause||	ਅਸੀਂ ਜੋ ਮੰਨੀ ਬੈਠੇ ਹਾਂ (ਕਿ ਜਗਤ ਤੇਰੇ ਨਾਲੋਂ ਕੋਈ ਵੱਖਰੀ ਹਸਤੀ ਹੈ), ਉਹ ਠੀਕ ਨਹੀਂ ਹੈ ॥੧॥ ਰਹਾਉ ॥
28602	657	ਨਰਪਤਿ ਏਕੁ ਸਿੰਘਾਸਨਿ ਸੋਇਆ ਸੁਪਨੇ ਭਇਆ ਭਿਖਾਰੀ॥		Narapath Eaek Singhaasan Soeiaa Supanae Bhaeiaa Bhikhaaree ||	It is like the king, who falls asleep upon his throne, and dreams that he is a beggar.	(ਜਿਵੇਂ) ਕੋਈ ਰਾਜਾ ਆਪਣੇ ਤਖ਼ਤ ਉਤੇ ਸੌਂ ਜਾਏ, ਤੇ, ਸੁਫ਼ਨੇ ਵਿਚ ਮੰਗਤਾ ਬਣ ਜਾਏ,

28603	657	ਅਛਤ ਰਾਜ ਬਿਛੁਰਤ ਦੁਖੁ ਪਾਇਆ ਸੋ ਗਤਿ ਭਈ ਹਮਾਰੀ॥੨॥	(ਅੱਛਤ) ਹੁੰਦਿਆਂ	Ashhath Raaj Bishhurath Dhukh Paaeiaa So Gath Bhee Hamaaree ||2||	His kingdom is intact, but separated from it, he suffers in sorrow. Such is my own condition. ||2||	ਰਾਜ ਹੁੰਦਿਆਂ ਸੁੰਦਿਆਂ ਉਹ (ਸੁਪਨੇ ਵਿਚ ਰਾਜ ਤੋਂ) ਵਿਛੜ ਕੇ ਦੁੱਖੀ ਹੁੰਦਾ ਹੈ, ਤਿਵੇਂ ਹੀ (ਹੇ ਮਾਧੋ! ਤੈਥੋਂ ਵਿਛੁੜ ਕੇ) ਅਸਾਡਾ ਜੀਵਾਂ ਦਾ ਹਾਲ ਹੋ ਰਿਹਾ ਹੈ ॥੨॥
28604	658	ਰਾਜ ਭੁਇਅੰਗ ਪ੍ਰਸੰਗ ਜੈਸੇ ਹਹਿ ਅਬ ਕਛੁ ਮਰਮੁ ਜਨਾਇਆ॥	(ਰਾਜ) ਰੱਸੀ। ਭੁਇ-ਅੰਗ	Raaj Bhueiang Prasang Jaisae Hehi Ab Kashh Maram Janaaeiaa ||	Like the story of the rope mistaken for a snake, the mystery has now been explained to me.	ਜਿਵੇਂ ਰੱਸੀ ਤੇ ਸੱਪ ਦਾ ਦ੍ਰਿਸ਼ਟਾਂਤ ਹੈ, ਪਰ ਤੂੰ ਮੈਨੂੰ ਹੁਣ ਕੁਝ ਕੁਝ ਭੇਤ ਜਣਾ ਦਿੱਤਾ ਹੈ।
28605	658	ਅਨਿਕ ਕਟਕ ਜੈਸੇ ਭੂਲਿ ਪਰੇ ਅਬ ਕਹਤੇ ਕਹਨੁ ਨ ਆਇਆ॥੩॥	(ਕਟਕ) ਕੜੇ	Anik Kattak Jaisae Bhool Parae Ab Kehathae Kehan N Aaeiaa ||3||	Like the many bracelets, which I mistakenly thought were gold; now, I do not say what I said then. ||3||	ਜਿਵੇਂ (ਸੋਨੇ ਤੋਂ ਬਣੇ ਹੋਏ) ਅਨੇਕਾਂ ਕੜੇ ਵੇਖ ਕੇ ਭੁਲੇਖਾ ਪੈ ਜਾਏ (ਕਿ ਸੋਨਾ ਹੀ ਕਈ ਕਿਸਮ ਦਾ ਹੁੰਦਾ ਹੈ, ਤਿਵੇਂ ਅਸਾਨੂੰ ਭੁਲੇਖਾ ਬਣਿਆ ਪਿਆ ਹੈ ਕਿ ਇਹ ਜਗਤ ਤੈਥੋਂ ਵੱਖਰਾ ਹੈ)। ਹੁਣ ਉਹ ਪੁਰਾਣੀ ਵਿਤਕਰੇ ਵਾਲੀ ਗੱਲ ਮੈਥੋਂ ਆਖੀ ਨਹੀਂ ਜਾਂਦੀ (ਭਾਵ, ਹੁਣ ਮੈਂ ਇਹ ਨਹੀਂ ਆਖਦਾ ਕਿ ਜਗਤ ਤੈਥੋਂ ਵੱਖਰੀ ਹਸਤੀ ਹੈ) ॥੩॥
28606	658	ਸਰਬੇ ਏਕੁ ਅਨੇਕੈ ਸੁਆਮੀ ਸਭ ਘਟ ਭੋਗਵੈ ਸੋਈ॥		Sarabae Eaek Anaekai Suaamee Sabh Ghatt Bhuogavai Soee ||	The One Lord is pervading the many forms; He enjoys Himself in all hearts.	ਉਹ ਪ੍ਰਭੂ-ਖਸਮ ਅਨੇਕਾਂ ਰੂਪ ਬਣਾ ਕੇ ਸਾਰਿਆਂ ਵਿਚ ਇੱਕ ਆਪ ਹੀ ਹੈ, ਸਭ ਘਟਾਂ ਵਿਚ ਆਪ ਹੀ ਬੈਠਾ ਜਗਤ ਦੇ ਰੰਗ ਮਾਣ ਰਿਹਾ ਹੈ।

28607	658	ਕਹਿ ਰਵਿਦਾਸ ਹਾਥ ਪੈ ਨੇਰੈ ਸਹਜੇ ਹੋਇ ਸੁ ਹੋਈ॥੪॥੧॥		Kehi Ravidhaas Haathh Pai Naerai Sehajae Hoe S Hoee ||4||1||	Says Ravi Daas, the Lord is nearer than our own hands and feet. Whatever will be, will be. ||4||1||	(ਹੁਣ ਤਾਂ) ਰਵਿਦਾਸ ਆਖਦਾ ਹੈ ਕਿ (ਦੂਰ ਨਹੀਂ) ਮੇਰੇ ਹੱਥ ਤੋਂ ਭੀ ਨੇੜੇ ਹੈ, ਜੋ ਕੁਝ (ਜਗਤ ਵਿਚ) ਵਰਤ ਰਿਹਾ ਹੈ, ਉਸੇ ਦੀ ਰਜ਼ਾ ਵਿਚ ਹੋ ਰਿਹਾ ਹੈ ॥੪॥੧॥
28608	658	ਜਉ ਹਮ ਬਾਂਧੇ ਮੋਹ ਫਾਸ ਹਮ ਪ੍ਰੇਮ ਬਧਨਿ ਤੁਮ ਬਾਧੇ॥	ਬੰਧਨਿ	Jo Ham Baandhhae Moh Faas Ham Praem Badhhan Thum Baadhhae ||	If I am bound by the noose of emotional attachment, then I shall bind You, Lord, with the bonds of love.	(ਸੋ, ਹੇ ਮਾਧੋ!) ਜੇ ਅਸੀਂ ਮੋਹ ਦੀ ਫਾਹੀ ਵਿਚ ਬੱਝੇ ਹੋਏ ਸਾਂ, ਤਾਂ ਅਸਾਂ ਤੈਨੂੰ ਆਪਣੇ ਪਿਆਰ ਦੀ ਰੱਸੀ ਨਾਲ ਬੰਨ੍ਹ ਲਿਆ ਹੈ।
28609	658	ਅਪਨੇ ਛੂਟਨ ਕੋ ਜਤਨੁ ਕਰਹੁ ਹਮ ਛੂਟੇ ਤੁਮ ਆਰਾਧੇ॥੧॥		Apanae Shhoottan Ko Jathan Karahu Ham Shhoottae Thum Aaraadhhae ||1||	Go ahead and try to escape, Lord; I have escaped by worshipping and adoring You. ||1||	ਅਸੀਂ ਤਾਂ (ਉਸ ਮੋਹ ਦੀ ਫਾਹੀ ਵਿਚੋਂ) ਤੈਨੂੰ ਸਿਮਰ ਕੇ ਨਿਕਲ ਆਏ ਹਾਂ, ਤੂੰ ਅਸਾਡੇ ਪਿਆਰ ਦੇ ਜਕੜ ਵਿਚੋਂ ਕਿਵੇਂ ਨਿਕਲੇਂਗਾ? ॥੧॥
28610	658	ਮਾਧਵੇ ਜਾਨਤ ਹਹੁ ਜੈਸੀ ਤੈਸੀ॥		Maadhhavae Jaanath Hahu Jaisee Thaisee ||	O Lord, You know my love for You.	ਹੇ ਮਾਧੋ! ਤੇਰੇ ਭਗਤ ਜਿਹੋ ਜਿਹਾ ਪਿਆਰ ਤੇਰੇ ਨਾਲ ਕਰਦੇ ਹਨ ਉਹ ਤੈਥੋਂ ਲੁਕਿਆ ਨਹੀਂ ਰਹਿ ਸਕਦਾ (ਤੂੰ ਉਹ ਚੰਗੀ ਤਰ੍ਹਾਂ ਜਾਣਦਾ ਹੈਂ)।
28611	658	ਅਬ ਕਹਾ ਕਰਹੁਗੇ ਐਸੀ॥੧॥ਰਹਾਉ॥		Ab Kehaa Karahugae Aisee ||1|| Rehaao ||	Now, what will You do? ||1||Pause||	ਅਜਿਹੀ ਪ੍ਰੀਤਿ ਦੇ ਹੁੰਦਿਆਂ ਤੂੰ ਜ਼ਰੂਰ ਉਹਨਾਂ ਨੂੰ ਮੋਹ ਤੋਂ ਬਚਾਈ ਰੱਖਦਾ ਹੈਂ ॥੧॥ ਰਹਾਉ ॥

28612	658	ਮੀਨੁ ਪਕਰਿ ਫਾਂਕਿਓ ਅਰੁ ਕਾਟਿਓ ਰਾਂਧਿ ਕੀਓ ਬਹੁ ਬਾਨੀ॥		Meen Pakar Faankiou Ar Kaattiou Raandhh Keeou Bahu Baanee ||	A fish is caught, cut up, and cooked it in many different ways.	(ਅਸਾਡਾ ਤੇਰੇ ਨਾਲ ਪਿਆਰ ਭੀ ਉਹ ਹੈ ਜੋ ਮੱਛੀ ਨੂੰ ਪਾਣੀ ਨਾਲ ਹੁੰਦਾ ਹੈ, ਅਸਾਂ ਮਰ ਕੇ ਭੀ ਤੇਰੀ ਯਾਦ ਨਹੀਂ ਛੱਡਣੀ) ਮੱਛੀ (ਪਾਣੀ ਵਿਚੋਂ) ਫੜ ਕੇ ਫਾਂਕਾਂ ਕਰ ਦੇਈਏ, ਟੋਟੇ ਕਰ ਦੇਈਏ ਤੇ ਕਈ ਤਰ੍ਹਾਂ ਰਿੰਨ੍ਹ ਲਈਏ,
28613	658	ਖੰਡ ਖੰਡ ਕਰਿ ਭੋਜਨੁ ਕੀਨੋ ਤਊ ਨ ਬਿਸਰਿਓ ਪਾਨੀ॥੨॥		Khandd Khandd Kar Bhojan Keeno Thoo N Bisariou Paanee ||2||	Bit by bit, it is eaten, but still, it does not forget the water. ||2||	ਫਿਰ ਰਤਾ ਰਤਾ ਕਰ ਕੇ ਖਾ ਲਈਏ, ਫਿਰ ਭੀ ਉਸ ਮੱਛੀ ਨੂੰ ਪਾਣੀ ਨਹੀਂ ਭੁੱਲਦਾ (ਜਿਸ ਖਾਣ ਵਾਲੇ ਦੇ ਪੇਟ ਵਿਚ ਜਾਂਦੀ ਹੈ ਉਸ ਨੂੰ ਭੀ ਪਾਣੀ ਦੀ ਪਿਆਸ ਲਗਾ ਦੇਂਦੀ ਹੈ) ॥੨॥
28614	658	ਆਪਨ ਬਾਪੈ ਨਾਹੀ ਕਿਸੀ ਕੋ ਭਾਵਨ ਕੋ ਹਰਿ ਰਾਜਾ॥	ਬੱਾਪੈ। ਰਾਜਾ:ਪੋਲਾ ਬੋਲੋ	Aapan Baapai Naahee Kisee Ko Bhaavan Ko Har Raajaa ||	The Lord, our King, is father to no one, except those who love Him.	ਜਗਤ ਦਾ ਮਾਲਕ ਹਰੀ ਕਿਸੇ ਦੇ ਪਿਉ ਦੀ (ਜੱਦੀ ਮਲਕੀਅਤ) ਨਹੀਂ ਹੈ, ਉਹ ਤਾਂ ਪ੍ਰੇਮ ਦਾ ਬੱਝਾ ਹੋਇਆ ਹੈ।
28615	658	ਮੋਹ ਪਟਲ ਸਭੁ ਜਗਤੁ ਬਿਆਪਿਓ ਭਗਤ ਨਹੀ ਸੰਤਾਪਾ॥੩॥	(ਪਟਲ) ਪੜਦਾ। ਜੱਗਤੁ	Moh Pattal Sabh Jagath Biaapiou Bhagath Nehee Santhaapaa ||3||	The veil of emotional attachment has been cast over the entire world, but it does not bother the Lord's devotee. ||3||	(ਇਸ ਪ੍ਰੇਮ ਤੋਂ ਵਾਂਜਿਆ ਹੋਇਆ ਸਾਰਾ ਜਗਤ) ਮੋਹ ਦੇ ਪਰਦੇ ਵਿਚ ਫਸਿਆ ਪਿਆ ਹੈ, ਪਰ (ਪ੍ਰਭੂ ਨਾਲ ਪ੍ਰੇਮ ਕਰਨ ਵਾਲੇ) ਭਗਤਾਂ ਨੂੰ (ਇਸ ਮੋਹ ਦਾ) ਕੋਈ ਕਲੇਸ਼ ਨਹੀਂ ਹੁੰਦਾ ॥੩॥

28616	658	ਕਹਿ ਰਵਿਦਾਸ ਭਗਤਿ ਇਕ ਬਾਢੀ ਅਬ ਇਹ ਕਾ ਸਿਉ ਕਹੀਐ॥	(ਬਾਢੀ) ਵਧ ਗਈ	Kehi Ravidhaas Bhagath Eik Baadtee Ab Eih Kaa Sio Keheeai ||	Says Ravi Daas, my devotion to the One Lord is increasing; now, who can I tell this to?	ਰਵਿਦਾਸ ਆਖਦਾ ਹੈ-(ਹੇ ਮਾਧੋ!) ਮੈਂ ਇਕ ਤੇਰੀ ਭਗਤੀ (ਆਪਣੇ ਹਿਰਦੇ ਵਿਚ) ਇਤਨੀ ਦ੍ਰਿੜ੍ਹ ਕੀਤੀ ਹੈ ਕਿ ਮੈਨੂੰ ਹੁਣ ਕਿਸੇ ਨਾਲ ਇਹ ਗਿਲਾ ਕਰਨ ਦੀ ਲੋੜ ਹੀ ਨਹੀਂ ਰਹਿ ਗਈ,
28617	658	ਜਾ ਕਾਰਨਿ ਹਮ ਤੁਮ ਆਰਾਧੇ ਸੋ ਦੁਖੁ ਅਜਹੂ ਸਹੀਐ॥੪॥੨॥		Jaa Kaaran Ham Thum Aaraadhhae So Dhukh Ajehoo Seheeai ||4||2||	That which brought me to worship and adore You - I am still suffering that pain. ||4||2||	ਜੁ ਜਿਸ ਮੋਹ ਤੋਂ ਬਚਣ ਲਈ ਮੈਂ ਤੇਰਾ ਸਿਮਰਨ ਕਰ ਰਿਹਾ ਸਾਂ, ਉਸ ਮੋਹ ਦਾ ਦੁੱਖ ਮੈਨੂੰ ਹੁਣ ਤਕ ਸਹਾਰਨਾ ਪੈ ਰਿਹਾ ਹੈ (ਭਾਵ, ਉਸ ਮੋਹ ਦਾ ਤਾਂ ਹੁਣ ਮੇਰੇ ਅੰਦਰ ਨਾਮ ਨਿਸ਼ਾਨ ਹੀ ਨਹੀਂ ਰਹਿ ਗਿਆ) ॥੪॥੨॥
28618	658	ਦੁਲਭ ਜਨਮੁ ਪੁੰਨ ਫਲ ਪਾਇਓ ਬਿਰਥਾ ਜਾਤ ਅਬਿਬੇਕੇ॥	(ਅਬਿਬੇਕੇ)ਅਗਿਆਨ ਕਰਕੇ। ਦੁ-ਲੱਭ	Dhulabh Janam Punn Fal Paaeiou Birathhaa Jaath Abibaekai ||	I obtained this precious human life as a reward for my past actions, but without discriminating wisdom, it is wasted in vain.	ਇਹ ਮਨੁੱਖਾ ਜਨਮ ਬੜੀ ਮੁਸ਼ਕਿਲ ਨਾਲ ਮਿਲਦਾ ਹੈ, (ਪਿਛਲੇ ਕੀਤੇ) ਭਲੇ ਕੰਮਾਂ ਦੇ ਫਲ ਵਜੋਂ ਅਸਾਨੂੰ ਮਿਲ ਗਿਆ, ਪਰ ਅਸਾਡੇ ਅੰਞਾਣਪੁਣੇ ਵਿਚ ਇਹ ਵਿਅਰਥ ਹੀ ਜਾ ਰਿਹਾ ਹੈ।

28619	658	ਰਾਜੇ ਇੰਦ੍ਰ ਸਮਸਰਿ ਗ੍ਰਿਹ ਆਸਨ ਬਿਨੁ ਹਰਿ ਭਗਤਿ ਕਹਹੁ ਕਿਹ ਲੇਖੈ॥੧॥		Raajae Eindhr Samasar Grih Aasan Bin Har Bhagath Kehahu Kih Laekhai ||1||	Tell me, without devotional worship of the Lord, of what use are mansions and thrones like those of King Indra? ||1||	(ਅਸਾਂ ਕਦੇ ਸੋਚਿਆ ਹੀ ਨਹੀਂ ਕਿ) ਜੇ ਪ੍ਰਭੂ ਦੀ ਬੰਦਗੀ ਤੋਂ ਵਾਂਜੇ ਰਹੇ ਤਾਂ (ਦੇਵਤਿਆਂ ਦੇ) ਰਾਜੇ ਇੰਦਰ ਦੇ ਸੁਰਗ ਵਰਗੇ ਭੀ ਮਹਿਲ ਮਾੜੀਆਂ ਕਿਸੇ ਕੰਮ ਨਹੀਂ ਹਨ ॥੧॥
28620	658	ਨ ਬੀਚਾਰਿਓ ਰਾਜਾਰਾਮ ਕੋ ਰਸੁ॥		N Beechaariou Raajaa Raam Ko Ras ||	You have not considered the sublime essence of the Name of the Lord, our King;	(ਅਸਾਂ ਮਾਇਆ-ਧਾਰੀ ਜੀਵਾਂ ਨੇ) ਜਗਤ-ਪ੍ਰਭੂ ਪਰਮਾਤਮਾ ਦੇ ਨਾਮ ਦੇ ਉਸ ਆਨੰਦ ਨੂੰ ਨਹੀਂ ਕਦੇ ਵਿਚਾਰਿਆ,
28621	658	ਜਿਹ ਰਸ ਅਨ ਰਸ ਬੀਸਰਿ ਜਾਹੀ॥੧॥ਰਹਾਉ॥		Jih Ras An Ras Beesar Jaahee ||1|| Rehaao ||	This sublime essence shall cause you to forget all other essences. ||1||Pause||	ਜਿਸ ਆਨੰਦ ਦੀ ਬਰਕਤਿ ਨਾਲ (ਮਾਇਆ ਦੇ) ਹੋਰ ਸਾਰੇ ਚਸਕੇ ਦੂਰ ਹੋ ਜਾਂਦੇ ਹਨ ॥੧॥ ਰਹਾਉ ॥
28622	658	ਜਾਨਿ ਅਜਾਨ ਭਏ ਹਮ ਬਾਵਰ ਸੋਚ ਅਸੋਚ ਦਿਵਸ ਜਾਹੀ॥		Jaan Ajaan Bheae Ham Baavar Soch Asoch Dhivas Jaahee ||	We do not know what we need to know, and we have become insane. We do not consider what we should consider; our days are passing away.	(ਹੇ ਪ੍ਰਭੂ!) ਜਾਣਦੇ ਬੁੱਝਦੇ ਹੋਏ ਭੀ ਅਸੀਂ ਕਮਲੇ ਤੇ ਮੂਰਖ ਬਣੇ ਹੋਏ ਹਾਂ, ਅਸਾਡੀ ਉਮਰ ਦੇ ਦਿਹਾੜੇ (ਮਾਇਆ ਦੀਆਂ ਹੀ) ਚੰਗੀਆਂ ਮੰਦੀਆਂ ਵਿਚਾਰਾਂ ਵਿਚ ਗੁਜ਼ਰ ਰਹੇ ਹਨ।

28623	658	ਇੰਦ੍ਰੀ ਸਬਲ ਨਿਬਲ ਬਿਬੇਕ ਬੁਧਿ ਪਰਮਾਰਥ ਪਰਵੇਸ ਨਹੀ॥੨॥	ਇੰਦ੍ਰੀਂ। ਸਬਲ,ਨਿਬਲ:ਪੋਲੇ ਮਿਲਵੇਂ	Eindhree Sabal Nibal Bibaek Budhh Paramaarathh Paravaes Nehee ||2||	Our passions are strong, and our discriminating intellect is weak; we have no access to the supreme objective. ||2||	ਅਸਾਡੀ ਕਾਮ-ਵਾਸ਼ਨਾ ਵਧ ਰਹੀ ਹੈ, ਵਿਚਾਰ-ਸ਼ਕਤੀ ਘਟ ਰਹੀ ਹੈ, ਇਸ ਗੱਲ ਦੀ ਅਸਾਨੂੰ ਕਦੇ ਸੋਚ ਹੀ ਨਹੀਂ ਫੁਰੀ ਕਿ ਅਸਾਡੀ ਸਭ ਤੋਂ ਵੱਡੀ ਲੋੜ ਕੀਹ ਹੈ ॥੨॥
28624	658	ਕਹੀਅਤ ਆਨ ਅਚਰੀਅਤ ਅਨ ਕਛੁ ਸਮਝ ਨ ਪਰੈ ਅਪਰ ਮਾਇਆ॥	(ਅ-ਚਰੀਅਤ)ਕਰਤੱਬ। (ਅਪਰ) ਅਪਾਰ	Keheeath Aan Achareeath An Kashh Samajh N Parai Apar Maaeiaa ||	We say one thing, and do something else; entangled in endless Maya, we do not understand anything.	ਅਸੀਂ ਆਖਦੇ ਹੋਰ ਹਾਂ ਤੇ ਕਰਦੇ ਕੁਝ ਹੋਰ ਹਾਂ, ਮਾਇਆ ਇਤਨੀ ਬਲਵਾਨ ਹੋ ਰਹੀ ਹੈ ਕਿ ਅਸਾਨੂੰ (ਆਪਣੀ ਮੂਰਖਤਾ ਦੀ) ਸਮਝ ਹੀ ਨਹੀਂ ਪੈਂਦੀ।
28625	658	ਕਹਿ ਰਵਿਦਾਸ ਉਦਾਸ ਦਾਸ ਮਤਿ ਪਰਹਰਿ ਕੋਪੁ ਕਰਹੁ ਜੀਅ ਦਇਆ॥੩॥੩॥	(ਕੋਪੁ) ਗੁੱਸਾ	Kehi Ravidhaas Oudhaas Dhaas Math Parehar Kop Karahu Jeea Dhaeiaa ||3||3||	Says Ravi Daas, Your slave, O Lord, I am disillusioned and detached; please, spare me Your anger, and have mercy on my soul. ||3||3||	(ਹੇ ਪ੍ਰਭੂ!) ਤੇਰਾ ਦਾਸ ਰਵਿਦਾਸ ਆਖਦਾ ਹੈ-ਮੈਂ ਹੁਣ ਇਸ (ਮੂਰਖ-ਪੁਣੇ) ਤੋਂ ਉਪਰਾਮ ਹੋ ਗਿਆ ਹਾਂ, (ਮੇਰੇ ਅੰਞਾਣਪੁਣੇ ਤੇ) ਗੁੱਸਾ ਨਾਹ ਕਰਨਾ ਤੇ ਮੇਰੀ ਆਤਮਾ ਉਤੇ ਮਿਹਰ ਕਰਨੀ ॥੩॥੩॥

28626	658	ਸੁਖਸਾਗਰੁ ਸੁਰਤਰ ਚਿੰਤਾਮਨਿ ਕਾਮਧੇਨੁ ਬਸਿ ਜਾ ਕੇ॥	(ਸੁਰ-ਤਰ) ਕਲਪਬ੍ਰਿੱਛ। ਚਿੰਤਾ-ਮਨਿ ਬੱਸਿ	Sukh Saagar Surathar Chinthaaman Kaamadhhaen Bas Jaa Kae ||	He is the ocean of peace; the miraculous tree of life, the wish-fulfilling jewel, and the Kaamadhayna, the cow which fulfills all desires, all are in His power.	(ਹੇ ਪੰਡਿਤ!) ਜੋ ਪ੍ਰਭੂ ਸੁਖਾਂ ਦਾ ਸਮੁੰਦਰ ਹੈ, ਜਿਸ ਪ੍ਰਭੂ ਦੇ ਵੱਸ ਵਿਚ ਸੁਰਗ ਦੇ ਪੰਜੇ ਰੁੱਖ, ਚਿੰਤਾਮਣਿ ਤੇ ਕਾਮਧੇਨ ਹਨ,
28627	658	ਚਾਰਿ ਪਦਾਰਥ ਅਸਟ ਦਸਾ ਸਿਧਿ ਨਵ ਨਿਧਿ ਕਰ ਤਲ ਤਾ ਕੇ॥੧॥		Chaar Padhaarathh Asatt Dhasaa Sidhh Nav Nidhh Kar Thal Thaa Kae ||1||	The four great blessings, the eighteen supernatural spiritual powers of the Siddhas, and the nine treasures, are all in the palm of His hand. ||1||	ਧਰਮ ਅਰਥ ਕਾਮ ਮੋਖ ਚਾਰੇ ਪਦਾਰਥ, ਅਠਾਰਾਂ ਸਿੱਧੀਆਂ ਤੇ ਨੌ ਨਿਧੀਆਂ ਇਹ ਸਭ ਉਸੇ ਦੇ ਹੱਥਾਂ ਦੀਆਂ ਤਲੀਆਂ ਉੱਤੇ ਹਨ ॥੧॥
28628	658	ਹਰਿ ਹਰਿ ਹਰਿ ਨ ਜਪਹਿ ਰਸਨਾ॥		Har Har Har N Japehi Rasanaa ||	You do not chant with your tongue the Name of the Lord, Har, Har, Har.	(ਹੇ ਪੰਡਿਤ!) ਤੂੰ ਇਕ ਪਰਮਾਤਮਾ ਦਾ ਨਾਮ ਸਿਮਰਦਾ ਨਹੀਂ।
28629	658	ਅਵਰ ਸਭ ਤਿਆਗਿ ਬਚਨ ਰਚਨਾ॥੧॥ਰਹਾਉ॥		Avar Sabh Thiaag Bachan Rachanaa ||1|| Rehaao ||	Abandon your involvement in all other words. ||1||Pause||	ਤੂੰ ਹੋਰ ਸਾਰੀਆਂ ਫੋਕੀਆਂ ਗੱਲਾਂ ਛੱਡ ਦੇਹ ॥੧॥ ਰਹਾਉ ॥

28630	658	ਨਾਨਾ ਖਿਆਨ ਪੁਰਾਨ ਬੇਦ ਬਿਧਿ ਚਉਤੀਸ ਅਖਰ ਮਾਂਹੀ॥		Naanaa Khiaan Puraan Baedh Bidhh Chouthees Akhar Maanhee ||	The various Shaastras, Puranaas, and the Vedas of Brahma, are made up of thirty-four letters.	(ਹੇ ਪੰਡਿਤ!) ਪੁਰਾਣਾਂ ਦੇ ਅਨੇਕ ਕਿਸਮਾਂ ਦੇ ਪ੍ਰਸੰਗ, ਵੇਦਾਂ ਦੀਆਂ ਦੱਸੀਆਂ ਹੋਈਆਂ ਵਿਧੀਆਂ, ਇਹ ਸਭ ਵਾਕ-ਰਚਨਾ ਹੀ ਹਨ (ਅਨੁਭਵੀ ਗਿਆਨ ਨਹੀਂ ਜੋ ਪ੍ਰਭੂ ਦੇ ਚਰਨਾਂ ਵਿਚ ਜੁੜਿਆਂ ਹਿਰਦੇ ਵਿਚ ਪੈਦਾ ਹੁੰਦਾ ਹੈ)।
28631	658	ਬਿਆਸ ਬਿਚਾਰਿ ਕਹਿਓ ਪਰਮਾਰਥੁ ਰਾਮ ਨਾਮ ਸਰਿ ਨਾਹੀ॥੨॥		Biaas Bichaar Kehiou Paramaarathh Raam Naam Sar Naahee ||2||	After deep contemplation, Vyaas spoke of the supreme objective; there is nothing equal to the Lord's Name. ||2||	(ਹੇ ਪੰਡਿਤ! ਵੇਦਾਂ ਦੇ ਖੋਜੀ) ਵਿਆਸ (ਰਿਸ਼ੀ) ਨੇ ਸੋਚ ਵਿਚਾਰ ਕੇ ਇਹੀ ਧਰਮ-ਤੱਤ ਦੱਸਿਆ ਹੈ ਕਿ (ਇਹਨਾਂ ਪੁਸਤਕਾਂ ਦੇ ਪਾਠ ਆਦਿਕ) ਪਰਮਾਤਮਾ ਦੇ ਨਾਮ ਦਾ ਸਿਮਰਨ ਕਰਨ ਦੀ ਬਰਾਬਰੀ ਨਹੀਂ ਕਰ ਸਕਦੇ। (ਫਿਰ, ਤੂੰ ਕਿਉਂ ਨਾਮ ਨਹੀਂ ਸਿਮਰਦਾ?) ॥੨॥
28632	658	ਸਹਜ ਸਮਾਧਿ ਉਪਾਧਿ ਰਹਤ ਫੁਨਿ ਬਡੈਭਾਗਿ ਲਿਵ ਲਾਗੀ॥		Sehaj Samaadhh Oupaadhh Rehath Fun Baddai Bhaag Liv Laagee ||	Very fortunate are those who are absorbed in celestial bliss, and released from their entanglements; they are lovingly attached to the Lord.	ਵੱਡੀ ਕਿਸਮਤ ਨਾਲ ਜਿਸ ਮਨੁੱਖ ਦੀ ਸੁਰਤਿ ਪ੍ਰਭੂ-ਚਰਨਾਂ ਵਿਚ ਜੁੜਦੀ ਹੈ ਉਸ ਦਾ ਮਨ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ।

28633	658	ਕਹਿ ਰਵਿਦਾਸ ਪ੍ਰਗਾਸੁ ਰਿਦੈ ਧਰਿ ਜਨਮ ਮਰਨ ਭੈ ਭਾਗੀ॥੩॥੪॥		Kehi Ravidhaas Pragaas Ridhai Dhhar Janam Maran Bhai Bhaagee ||3||4||	Says Ravi Daas, enshrine the Lord's Light within your heart, and your fear of birth and death shall run away from you. ||3||4||	ਰਵਿਦਾਸ ਆਖਦਾ ਹੈ-ਕੋਈ ਵਿਕਾਰ ਉਸ ਵਿਚ ਨਹੀਂ ਉੱਠਦਾ, ਉਹ ਮਨੁੱਖ ਆਪਣੇ ਹਿਰਦੇ ਵਿਚ ਚਾਨਣ ਪ੍ਰਾਪਤ ਕਰਦਾ ਹੈ, ਤੇ, ਜਨਮ ਮਰਨ (ਭਾਵ, ਸਾਰੀ ਉਮਰ) ਦੇ ਉਸ ਦੇ ਡਰ ਨਾਸ ਹੋ ਜਾਂਦੇ ਹਨ ॥੩॥੪॥
28634	658	ਜਉ ਤੁਮ ਗਿਰਿਵਰ ਤਉ ਹਮ ਮੋਰਾ॥	(ਗਿਰਿਵਰ) ਬੱਦਲ, ਪਹਾੜ	Jo Thum Girivar Tho Ham Moraa ||	If You are the mountain, Lord, then I am the peacock.	ਹੇ ਮੇਰੇ ਮਾਧੋ! ਜੇ ਤੂੰ ਸੋਹਣਾ ਜਿਹਾ ਪਹਾੜ ਬਣੇਂ, ਤਾਂ ਮੈਂ (ਤੇਰਾ) ਮੋਰ ਬਣਾਂਗਾ (ਤੈਨੂੰ ਵੇਖ ਵੇਖ ਕੇ ਪੈਲਾਂ ਪਾਵਾਂਗਾ)।
28635	658	ਜਉ ਤੁਮ ਚੰਦ ਤਉ ਹਮ ਭਏ ਹੈ ਚਕੋਰਾ॥੧॥		Jo Thum Chandh Tho Ham Bheae Hai Chakoraa ||1||	If You are the moon, then I am the partridge in love with it. ||1||	ਜੇ ਤੂੰ ਚੰਦ ਬਣੇਂ ਤਾਂ ਮੈਂ ਤੇਰੀ ਚਕੋਰ ਬਣਾਂਗਾ (ਤੇ ਤੈਨੂੰ ਵੇਖ ਕੇ ਖ਼ੁਸ਼ ਹੋ ਹੋ ਕੇ ਬੋਲਾਂਗੀ) ॥੧॥

28636	658	ਮਾਧਵੇ ਤੁਮਨ ਤੋਰਹੁ ਤਉ ਹਮ ਨਹੀ ਤੋਰਹਿ॥	ਹੇ ਵਾਹਿਗੁਰੂ ਜੀ! ਜੇਕਰ (ਤੁਮਨ) ਆਪ ਜੀ ਸਾਡੇ ਨਾਲੋਂ ਪ੍ਰੀਤੀ ਤੋੜੋਂ, ਤਾਂ ਸਤਿਸੰਗੀਆਂ ਸਮੇਤ ਹਮ ਦਾਸਨਦਾਸ ਫੇਰ ਭੀ ਆਪ ਜੀ ਨਾਲੋਂ ਪ੍ਰੀਤੀ ਨਹੀਂ ਤੋੜਦੇ, ਨਿਮ੍ਰਤਾ ਗ੍ਰੀਬੀ ਦੀ ਹੱਦ ਹੈ, ਤੁਮਨ ਸਹੀ ਪਾਠ ਹੈ। ਜੈ ਤੁਮ ਨ ਤੋਰਹੁ ਪਾਠ ਕਰਦੇ ਹਾਂ ਤਾਂ ਵਾਹਿਗੁਰੂ ਜੀ ਨਾਲ ਬਰਾਬਰੀ ਦੀ ਚੁਨੌਤੀ ਹੈ।	Maadhhavae Thum N Thorahu Tho Ham Nehee Thorehi ||	O Lord, if You will not break with me, then I will not break with You.	ਹੇ ਮਾਧੋ! ਜੇ ਤੂੰ (ਮੇਰੇ ਨਾਲੋਂ) ਪਿਆਰ ਨਾਹ ਤੋੜੇਂ, ਤਾਂ ਮੈਂ ਭੀ ਨਹੀਂ ਤੋੜਾਂਗਾ;
28637	658	ਤੁਮ ਸਿਉ ਤੋਰਿ ਕਵਨ ਸਿਉ ਜੋਰਹਿ॥੧॥ਰਹਾਉ॥		Thum Sio Thor Kavan Sio Jorehi ||1|| Rehaao ||	For, if I were to break with You, with whom would I then join? ||1||Pause||	ਕਿਉਂਕਿ ਤੇਰੇ ਨਾਲੋਂ ਤੋੜ ਕੇ ਮੈਂ ਹੋਰ ਕਿਸ ਨਾਲ ਜੋੜ ਸਕਦਾ ਹਾਂ? (ਹੋਰ ਕੋਈ, ਹੇ ਮਾਧੋ! ਤੇਰੇ ਵਰਗਾ ਹੈ ਹੀ ਨਹੀਂ) ॥੧॥ ਰਹਾਉ ॥
28638	658	ਜਉ ਤੁਮ ਦੀਵਰਾ ਤਉ ਹਮ ਬਾਤੀ॥		Jo Thum Dheevaraa Tho Ham Baathee ||	If You are the lamp, then I am the wick.	ਹੇ ਮਾਧੋ! ਜੇ ਤੂੰ ਸੋਹਣਾ ਦੀਵਾ ਬਣੇਂ, ਮੈਂ (ਤੇਰੀ) ਵੱਟੀ ਬਣ ਜਾਵਾਂ।
28639	658	ਜਉ ਤੁਮ ਤੀਰਥ ਤਉ ਹਮ ਜਾਤੀ॥੨॥		Jo Thum Theerathh Tho Ham Jaathee ||2||	If You are the sacred place of pilgrimage, then I am the pilgrim. ||2||	ਜੇ ਤੂੰ ਤੀਰਥ ਬਣ ਜਾਏਂ ਤਾਂ ਮੈਂ (ਤੇਰਾ ਦੀਦਾਰ ਕਰਨ ਲਈ) ਜਾਤ੍ਰੂ ਬਣ ਜਾਵਾਂਗਾ ॥੨॥

28640	659	ਸਾਚੀ ਪ੍ਰੀਤਿ ਹਮ ਤੁਮ ਸਿਉ ਜੋਰੀ॥		Saachee Preeth Ham Thum Sio Joree ||	I am joined in true love with You, Lord.	ਹੇ ਪ੍ਰਭੂ! ਮੈਂ ਤੇਰੇ ਨਾਲ ਪੱਕਾ ਪਿਆਰ ਪਾ ਲਿਆ ਹੈ।
28641	659	ਤੁਮ ਸਿਉ ਜੋਰਿ ਅਵਰ ਸੰਗਿ ਤੋਰੀ॥੩॥		Thum Sio Jor Avar Sang Thoree ||3||	I am joined with You, and I have broken with all others. ||3||	ਤੇਰੇ ਨਾਲ ਪਿਆਰ ਗੰਢ ਕੇ ਮੈਂ ਹੋਰ ਸਭਨਾਂ ਨਾਲੋਂ ਤੋੜ ਲਿਆ ਹੈ ॥੩॥
28642	659	ਜਹ ਜਹ ਜਾਉ ਤਹਾ ਤੇਰੀ ਸੇਵਾ॥		Jeh Jeh Jaao Thehaa Thaeree Saevaa ||	Wherever I go, there I serve You.	ਹੇ ਮਾਧੋ! ਮੈਂ ਜਿੱਥੇ ਜਿੱਥੇ ਜਾਂਦਾ ਹਾਂ (ਮੈਨੂੰ ਹਰ ਥਾਂ ਤੂੰ ਹੀ ਦਿੱਸਦਾ ਹੈਂ, ਮੈਂ ਹਰ ਥਾਂ) ਤੇਰੀ ਹੀ ਸੇਵਾ ਕਰਦਾ ਹਾਂ।
28643	659	ਤੁਮ ਸੋ ਠਾਕੁਰੁ ਅਉਰੁ ਨ ਦੇਵਾ॥੪॥		Thum So Thaakur Aour N Dhaevaa ||4||	There is no other Lord Master than You, O Divine Lord. ||4||	ਹੇ ਦੇਵ! ਤੇਰੇ ਵਰਗਾ ਕੋਈ ਹੋਰ ਮਾਲਕ ਮੈਨੂੰ ਨਹੀਂ ਦਿੱਸਿਆ ॥੪॥
28644	659	ਤੁਮਰੇ ਭਜਨ ਕਟਹਿ ਜਮ ਫਾਂਸਾ॥		Thumarae Bhajan Kattehi Jam Faansaa ||	Meditating, vibrating upon You, the noose of death is cut away.	ਤੇਰੀ ਬੰਦਗੀ ਕੀਤਿਆਂ ਜਮਾਂ ਦੇ ਬੰਧਨ ਕੱਟੇ ਜਾਂਦੇ ਹਨ,
28645	659	ਭਗਤਿ ਹੇਤ ਗਾਵੈ ਰਵਿਦਾਸਾ॥੫॥੫॥		Bhagath Haeth Gaavai Ravidhaasaa ||5||5||	To attain devotional worship, Ravi Daas sings to You, Lord. ||5||5||	(ਤਾਹੀਏਂ) ਰਵਿਦਾਸ ਤੇਰੀ ਭਗਤੀ ਦਾ ਚਾਉ ਹਾਸਲ ਕਰਨ ਲਈ ਤੇਰੇ ਗੁਣ ਗਾਉਂਦਾ ਹੈ ॥੫॥੫॥

28646	659	ਜਲ ਕੀ ਭੀਤਿ ਪਵਨ ਕਾ ਥੰਭਾ ਰਕਤ ਬੁੰਦ ਕਾ ਗਾਰਾ॥	(ਭੀਤਿ) ਕੰਧ। (ਥੰਭਾ) ਥੰਮ	Jal Kee Bheeth Pavan Kaa Thhanbhaa Rakath Bundh Kaa Gaaraa ||	The body is a wall of water, supported by the pillars of air; the egg and sperm are the mortar.	(ਜੀਵ-ਪੰਛੀ ਜਿਸ ਸਰੀਰ ਵਿਚ ਵੱਸ ਰਿਹਾ ਹੈ) ਉਸ ਦੀ ਕੰਧ (ਮਾਨੋ) ਪਾਣੀ ਦੀ ਹੈ, ਥੰਮ੍ਹੀ ਹਵਾ (ਸੁਆਸਾਂ) ਦੀ ਹੈ; ਮਾਂ ਦੀ ਰੱਤ ਤੇ ਪਿਉ ਦੇ ਵੀਰਜ ਦਾ ਜਿਸ ਨੂੰ ਗਾਰਾ ਲੱਗਾ ਹੋਇਆ ਹੈ,
28647	659	ਹਾਡ ਮਾਸ ਨਾੜੀ ਕੋ ਪਿੰਜਰੁ ਪੰਖੀ ਬਸੈ ਬਿਚਾਰਾ॥੧॥		Haadd Maas Naarranaee Ko Pinjar Pankhee Basai Bichaaraa ||1||	The framework is made up of bones, flesh and veins; the poor soul-bird dwells within it. ||1||	ਤੇ ਹੱਡ ਮਾਸ ਨਾੜੀਆਂ ਦਾ ਪਿੰਜਰ ਬਣਿਆ ਹੋਇਆ ਹੈ। ਜੀਵ-ਪੰਛੀ ਵਿਚਾਰਾ ਉਸ ਸਰੀਰ ਵਿਚ ਵੱਸ ਰਿਹਾ ਹੈ ॥੧॥
28648	659	ਪ੍ਰਾਨੀ ਕਿਆ ਮੇਰਾ ਕਿਆ ਤੇਰਾ॥		Praanee Kiaa Maeraa Kiaa Thaeraa ||	O mortal, what is mine, and what is yours?	ਹੇ ਭਾਈ! ਫਿਰ, ਇਹਨਾਂ ਵਿਤਕਰਿਆਂ ਤੇ ਵੰਡਾਂ ਦਾ ਕੀਹ ਲਾਭ?
28649	659	ਜੈਸੇ ਤਰਵਰ ਪੰਖਿ ਬਸੇਰਾ॥੧॥ਰਹਾਉ॥	(ਤਰਵਰਿ) ਰੁੱਖ	Jaisae Tharavar Pankh Basaeraa ||1|| Rehaao ||	The soul is like a bird perched upon a tree. ||1||Pause||	ਜਿਵੇਂ ਰੁੱਖਾਂ ਉੱਤੇ ਪੰਛੀਆਂ ਦਾ (ਸਿਰਫ਼ ਰਾਤ ਲਈ) ਡੇਰਾ ਹੁੰਦਾ ਹੈ (ਤਿਵੇਂ ਜੀਵਾਂ ਦੀ ਵੱਸੋਂ ਜਗਤ ਵਿਚ ਹੈ) ॥੧॥ ਰਹਾਉ ॥
28650	659	ਰਾਖਹੁ ਕੰਧ ਉਸਾਰਹੁ ਨੀਵਾਂ॥		Raakhahu Kandhh Ousaarahu Neevaan ||	You lay the foundation and build the walls.	ਹੇ ਭਾਈ! (ਡੂੰਘੀਆਂ) ਨੀਹਾਂ ਪੁਟਾ ਪੁਟਾ ਕੇ ਤੂੰ ਉਹਨਾਂ ਉੱਤੇ ਕੰਧਾਂ ਉਸਰਾਉਂਦਾ ਹੈਂ,

28651	659	ਸਾਢੇ ਤੀਨਿ ਹਾਥ ਤੇਰੀ ਸੀਵਾਂ॥੨॥		Saadtae Theen Haathh Thaeree Seevaan ||2||	But in the end, three and a half cubits will be your measured space. ||2||	ਪਰ ਤੈਨੂੰ ਆਪ ਨੂੰ (ਹਰ ਰੋਜ਼ ਤਾਂ ਵੱਧ ਤੋਂ ਵੱਧ ਸਾਢੇ ਤਿੰਨ ਹੱਥ ਥਾਂ ਹੀ ਚਾਹੀਦੀ ਹੈ (ਸੌਣ ਵੇਲੇ ਇਤਨੀ ਕੁ ਥਾਂ ਹੀ ਮੱਲਦਾ ਹੈਂ) ॥੨॥
28652	659	ਬੰਕੇ ਬਾਲ ਪਾਗ ਸਿਰਿ ਡੇਰੀ॥	(ਬੰਕੇ) ਸੁੰਦਰ। (ਡੇਰੀ) ਟੇਢੀ	Bankae Baal Paag Sir Ddaeree ||	You make your hair beautiful, and wear a stylish turban on your head.	ਤੂੰ ਸਿਰ ਉੱਤੇ ਬਾਂਕੇ ਬਾਲ (ਸੰਵਾਰ ਸੰਵਾਰ ਕੇ) ਵਿੰਗੀ ਪੱਗ ਬੰਨ੍ਹਦਾ ਹੈਂ,
28653	659	ਇਹੁ ਤਨੁ ਹੋਇਗੋ ਭਸਮ ਕੀ ਢੇਰੀ॥੩॥		Eihu Than Hoeigo Bhasam Kee Dtaeree ||3||	But in the end, this body shall be reduced to a pile of ashes. ||3||	(ਪਰ ਸ਼ਾਇਦ ਤੈਨੂੰ ਕਦੇ ਇਹ ਚੇਤਾ ਨਹੀਂ ਆਇਆ ਕਿ) ਇਹ ਸਰੀਰ (ਹੀ ਕਿਸੇ ਦਿਨ) ਸੁਆਹ ਦੀ ਢੇਰੀ ਹੋ ਜਾਇਗਾ ॥੩॥
28654	659	ਊਚੇ ਮੰਦਰ ਸੁੰਦਰ ਨਾਰੀ॥		Oochae Mandhar Sundhar Naaree ||	Your palaces are lofty, and your brides are beautiful.	ਹੇ ਭਾਈ! ਤੂੰ ਉੱਚੇ ਉੱਚੇ ਮਹਲ ਮਾੜੀਆਂ ਤੇ ਸੁੰਦਰ ਇਸਤ੍ਰੀ (ਦਾ ਮਾਣ ਕਰਦਾ ਹੈਂ),
28655	659	ਰਾਮ ਨਾਮ ਬਿਨੁ ਬਾਜੀ ਹਾਰੀ॥੪॥		Raam Naam Bin Baajee Haaree ||4||	But without the Lord's Name, you shall lose the game entirely. ||4||	ਪ੍ਰਭੂ ਦਾ ਨਾਮ ਵਿਸਾਰ ਕੇ ਤੂੰ ਮਨੁੱਖਾ ਜਨਮ ਦੀ ਖੇਡ ਹਾਰ ਰਿਹਾ ਹੈਂ ॥੪॥
28656	659	ਮੇਰੀ ਜਾਤਿ ਕਮੀਨੀ ਪਾਂਤਿ ਕਮੀਨੀ ਓਛਾ ਜਨਮੁ ਹਮਾਰਾ॥	(ਪਾਂਤਿ) ਕੁਲ। (ਓਛਾ) ਨੀਚ	Maeree Jaath Kameenee Paanth Kameenee Oushhaa Janam Hamaaraa ||	My social status is low, my ancestry is low, and my life is wretched.	ਹੇ ਮੇਰੇ ਰਾਜਨ! ਹੇ ਮੇਰੇ ਸੋਹਣੇ ਰਾਮ! ਮੇਰੀ ਤਾਂ ਜਾਤਿ, ਕੁਲ ਤੇ ਜਨਮ ਸਭ ਕੁਝ ਨੀਵਾਂ ਹੀ ਨੀਵਾਂ ਸੀ,

28657	659	ਤੁਮ ਸਰਨਾਗਤਿ ਰਾਜਾ ਰਾਮਚੰਦ ਕਹਿ ਰਵਿਦਾਸ ਚਮਾਰਾ॥੫॥੬॥		Thum Saranaagath Raajaa Raam Chandh Kehi Ravidhaas Chamaaraa ||5||6||	I have come to Your Sanctuary, O Luminous Lord, my King; so says Ravi Daas, the shoemaker. ||5||6||	ਰਵਿਦਾਸ ਚਮਾਰ ਆਖਦਾ ਹੈ- (ਇੱਥੇ ਉੱਚੀਆਂ ਕੁਲਾਂ ਵਾਲੇ ਡੁਬਦੇ ਜਾ ਰਹੇ ਹਨ, ਮੇਰਾ ਕੀਹ ਬਣਨਾ ਸੀ? ਪਰ) ਮੈਂ ਤੇਰੀ ਸਰਨ ਆਇਆ ਹਾਂ ॥੫॥੬॥
28658	659	ਚਮਰਟਾ ਗਾਂਠਿ ਨ ਜਨਈ॥	ਚਮ-ਰਟਾ:ਪੋਲਾ ਬੋਲੋ	Chamarattaa Gaanth N Janee ||	I am a shoemaker, but I do not know how to mend shoes.	ਮੈਂ ਗ਼ਰੀਬ ਚਮਿਆਰ (ਸਰੀਰ-ਜੁੱਤੀ ਨੂੰ) ਗੰਢਣਾ ਨਹੀਂ ਜਾਣਦਾ,
28659	659	ਲੋਗੁ ਗਠਾਵੈ ਪਨਹੀ॥੧॥ਰਹਾਉ॥	(ਪਨਹੀ) ਜੁੱਤੀ	Log Gathaavai Panehee ||1|| Rehaao ||	People come to me to mend their shoes. ||1||Pause||	ਪਰ ਜਗਤ ਦੇ ਜੀਵ ਆਪੋ ਆਪਣੀ (ਸਰੀਰ-ਰੂਪ) ਜੁੱਤੀ ਗੰਢਾ ਰਹੇ ਹਨ (ਭਾਵ, ਲੋਕ ਦਿਨ ਰਾਤ ਨਿਰੇ ਸਰੀਰ ਦੀ ਪਾਲਣਾ ਦੇ ਆਹਰ ਵਿਚ ਲੱਗ ਰਹੇ ਹਨ ॥੧॥ ਰਹਾਉ ॥
28660	659	ਆਰ ਨਹੀ ਜਿਹ ਤੋਪਉ॥	(ਤੋਪਉ) ਤੋਪੇ ਲਾਉਣ ਵਾਲੀ ਆਰ ਨਹੀਂ	Aar Nehee Jih Thopo ||	I have no awl to stitch them;	ਮੇਰੇ ਪਾਸ ਆਰ ਨਹੀਂ ਕਿ ਮੈਂ (ਜੁੱਤੀ ਨੂੰ) ਤ੍ਰੋਪੇ ਲਾਵਾਂ (ਭਾਵ, ਮੇਰੇ ਅੰਦਰ ਮੋਹ ਦੀ ਖਿੱਚ ਨਹੀਂ ਕਿ ਮੇਰੀ ਸੁਰਤ ਸਦਾ ਸਰੀਰ ਵਿਚ ਹੀ ਟਿਕੀ ਰਹੇ)।
28661	659	ਨਹੀ ਰਾਂਬੀ ਠਾਉ ਰੋਪਉ॥੧॥	(ਰੋਪਉ) ਟਾਕੀ ਲਾਵਾਂ	Nehee Raanbee Thaao Ropo ||1||	I have no knife to patch them. ||1||	ਮੇਰੇ ਪਾਸ ਰੰਬੀ ਨਹੀਂ ਕਿ (ਜੁੱਤੀ ਨੂੰ) ਟਾਕੀਆਂ ਲਾਵਾਂ (ਭਾਵ, ਮੇਰੇ ਅੰਦਰ ਲੋਭ ਨਹੀਂ ਕਿ ਚੰਗੇ ਚੰਗੇ ਖਾਣੇ ਲਿਆ ਕੇ ਨਿੱਤ ਸਰੀਰ ਨੂੰ ਪਾਲਦਾ ਰਹਾਂ) ॥੧॥

28662	659	ਲੋਗੁ ਗੰਠਿ ਗੰਠਿ ਖਰਾ ਬਿਗੂਚਾ॥	(ਖਰਾ) ਬਹੁਤ। (ਬਿਗੂਚਾ) ਖੁਆਰ	Log Ganth Ganth Kharaa Bigoochaa ||	Mending, mending, people waste their lives and ruin themselves.	ਜਗਤ ਗੰਢ ਗੰਢ ਕੇ ਬਹੁਤ ਖ਼ੁਆਰ ਹੋ ਰਿਹਾ ਹੈ (ਭਾਵ, ਜਗਤ ਦੇ ਜੀਵ ਆਪੋ ਆਪਣੇ ਸਰੀਰ ਨੂੰ ਦਿਨ ਰਾਤ ਪਾਲਣ ਪੋਸਣ ਦੇ ਆਹਰੇ ਲੱਗ ਕੇ ਦੁਖੀ ਹੋ ਰਹੇ ਹਨ);
28663	659	ਹਉ ਬਿਨੁ ਗਾਂਠੇ ਜਾਇ ਪਹੂਚਾ॥੨॥		Ho Bin Gaanthae Jaae Pehoochaa ||2||	Without wasting my time mending, I have found the Lord. ||2||	ਮੈਂ ਗੰਢਣ ਦਾ ਕੰਮ ਛੱਡ ਕੇ (ਭਾਵ, ਆਪਣੇ ਸਰੀਰ ਦੇ ਨਿੱਤ ਆਹਰੇ ਲੱਗੇ ਰਹਿਣ ਨੂੰ ਛੱਡ ਕੇ) ਪ੍ਰਭੂ-ਚਰਨਾਂ ਵਿਚ ਜਾ ਅੱਪੜਿਆ ਹਾਂ ॥੨॥
28664	659	ਰਵਿਦਾਸੁ ਜਪੈ ਰਾਮ ਨਾਮਾ॥		Ravidhaas Japai Raam Naamaa ||	Ravi Daas chants the Lord's Name;	ਰਵਿਦਾਸ ਹੁਣ ਪਰਮਾਤਮਾ ਦਾ ਨਾਮ ਸਿਮਰਦਾ ਹੈ, (ਤੇ, ਸਰੀਰ ਦਾ ਮੋਹ ਛੱਡ ਬੈਠਾ ਹੈ)
28665	659	ਮੋਹਿ ਜਮ ਸਿਉ ਨਾਹੀ ਕਾਮਾ॥੩॥੭॥		Mohi Jam Sio Naahee Kaamaa ||3||7||	He is not concerned with the Messenger of Death. ||3||7||	(ਇਸੇ ਵਾਸਤੇ) ਮੈਨੂੰ ਰਵਿਦਾਸ ਨੂੰ ਜਮਾਂ ਨਾਲ ਕੋਈ ਵਾਸਤਾ ਨਹੀਂ ਰਹਿ ਗਿਆ ॥੩॥੭॥
28666	659	ਰਾਗੁ ਸੋਰਠਿ ਬਾਣੀ ਭਗਤ ਭੀਖਨ ਕੀ		Raag Sorath Baanee Bhagath Bheekhan Kee	Raag Sorat'h, The Word Of Devotee Bheekhan Jee:	ਰਾਗ ਸੋਰਠਿ ਵਿੱਚ ਭਗਤ ਭੀਖਨ ਜੀ ਦੀ ਬਾਣੀ।
28667	659	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

28668	659	ਨੈਨਹੁ ਨੀਰੁ ਬਹੈ ਤਨੁ ਖੀਨਾ ਭਏ ਕੇਸ ਦੁਧਵਾਨੀ॥	(ਖੀਨਾ) ਕਮਜ਼ੋਰ। (ਦੁੱਧਵਾਨੀ) ਚਿੱਟੇ	Nainahu Neer Behai Than Kheenaa Bheae Kaes Dhudhh Vaanee ||	Tears well up in my eyes, my body has become weak, and my hair has become milky-white.	ਹੇ ਜੀਵ! (ਬਿਰਧ ਅਵਸਥਾ ਵਿਚ ਕਮਜ਼ੋਰ ਹੋਣ ਕਰਕੇ) ਤੇਰੀਆਂ ਅੱਖਾਂ ਵਿਚੋਂ ਪਾਣੀ ਵਗ ਰਿਹਾ ਹੈ, ਤੇਰਾ ਸਰੀਰ ਲਿੱਸਾ ਹੋ ਗਿਆ ਹੈ, ਤੇਰੇ ਕੇਸ ਦੁੱਧ ਵਰਗੇ ਚਿੱਟੇ ਹੋ ਗਏ ਹਨ।
28669	659	ਰੂਧਾ ਕੰਠੁ ਸਬਦੁ ਨਹੀ ਉਚਰੈ ਅਬ ਕਿਆ ਕਰਹਿ ਪਰਾਨੀ॥੧॥	(ਰੂਧਾ) ਰੁਕਿਆ	Roodhhaa Kanth Sabadh Nehee Oucharai Ab Kiaa Karehi Paraanee ||1||	My throat is tight, and I cannot utter even one word; what can I do now? I am a mere mortal. ||1||	ਤੇਰਾ ਗਲਾ (ਕਫ ਨਾਲ) ਰੁਕਣ ਕਰਕੇ ਬੋਲ ਨਹੀਂ ਸਕਦਾ; ਅਜੇ (ਭੀ) ਤੂੰ ਕੀਹ ਕਰ ਰਿਹਾ ਹੈਂ? (ਭਾਵ, ਹੁਣ ਭੀ ਤੂੰ ਪਰਮਾਤਮਾ ਨੂੰ ਕਿਉਂ ਯਾਦ ਨਹੀਂ ਕਰਦਾ? ਤੂੰ ਕਿਉਂ ਸਰੀਰ ਦੇ ਮੋਹ ਵਿਚ ਫਸਿਆ ਪਿਆ ਹੈਂ? ਤੂੰ ਕਿਉਂ ਦੇਹ-ਅੱਧਿਆਸ ਨਹੀਂ ਛੱਡਦਾ?) ॥੧॥
28670	659	ਰਾਮਰਾਇ ਹੋਹਿ ਬੈਦ ਬਨਵਾਰੀ॥		Raam Raae Hohi Baidh Banavaaree ||	O Lord, my King, Gardener of the world-garden, be my Physician,	ਹੇ ਸੋਹਣੇ ਰਾਮ! ਹੇ ਪ੍ਰਭੂ! ਜੇ ਤੂੰ ਹਕੀਮ ਬਣੇਂ,
28671	659	ਅਪਨੇ ਸੰਤਹ ਲੇਹੁ ਉਬਾਰੀ॥੧॥ਰਹਾਉ॥		Apanae Santheh Laehu Oubaaree ||1|| Rehaao ||	And save me, Your Saint. ||1||Pause||	ਤਾਂ ਤੂੰ ਆਪਣੇ ਸੰਤਾਂ ਨੂੰ (ਦੇਹ-ਅੱਧਿਆਸ ਤੋਂ) ਬਚਾ ਲੈਂਦਾ ਹੈਂ (ਭਾਵ, ਤੂੰ ਆਪ ਹੀ ਹਕੀਮ ਬਣ ਕੇ ਸੰਤਾਂ ਨੂੰ ਦੇਹ-ਅੱਧਿਆਸ ਤੋਂ ਬਚਾ ਲੈਂਦਾ ਹੈਂ) ॥੧॥ ਰਹਾਉ ॥

28672	659	ਮਾਥੇ ਪੀਰ ਸਰੀਰਿ ਜਲਨਿ ਹੈ ਕਰਕ ਕਰੇਜੇ ਮਾਹੀ॥		Maathhae Peer Sareer Jalan Hai Karak Karaejae Maahee ||	My head aches, my body is burning, and my heart is filled with anguish.	ਹੇ ਪ੍ਰਾਣੀ! (ਬਿਰਧ ਹੋਣ ਦੇ ਕਾਰਨ) ਤੇਰੇ ਸਿਰ ਵਿਚ ਪੀੜ ਟਿਕੀ ਰਹਿੰਦੀ ਹੈ, ਸਰੀਰ ਵਿਚ ਸੜਨ ਰਹਿੰਦੀ ਹੈ, ਕਲੇਜੇ ਵਿਚ ਦਰਦ ਉਠਦੀ ਹੈ।
28673	659	ਐਸੀ ਬੇਦਨ ਉਪਜਿ ਖਰੀ ਭਈ ਵਾ ਕਾ ਅਉਖਧੁ ਨਾਹੀ॥੨॥	(ਬੇਦਨ) ਪੀੜ	Aisee Baedhan Oupaj Kharee Bhee Vaa Kaa Aoukhadhh Naahee ||2||	Such is the disease that has struck me; there is no medicine to cure it. ||2||	(ਕਿਸ ਕਿਸ ਅੰਗ ਦਾ ਫ਼ਿਕਰ ਕਰੀਏ? ਸਾਰੇ ਹੀ ਜਿਸਮ ਵਿਚ ਬੁਢੇਪੇ ਦਾ) ਇੱਕ ਐਸਾ ਵੱਡਾ ਰੋਗ ਉੱਠ ਖਲੋਤਾ ਹੈ ਕਿ ਇਸ ਦਾ ਕੋਈ ਇਲਾਜ ਨਹੀਂ ਹੈ (ਫਿਰ ਭੀ ਇਸ ਸਰੀਰ ਨਾਲੋਂ ਤੇਰਾ ਮੋਹ ਨਹੀਂ ਮਿਟਦਾ) ॥੨॥
28674	659	ਹਰਿ ਕਾ ਨਾਮੁ ਅੰਮ੍ਰਿਤ ਜਲੁ ਨਿਰਮਲੁ ਇਹੁ ਅਉਖਧੁ ਜਗਿ ਸਾਰਾ॥		Har Kaa Naam Anmrith Jal Niramal Eihu Aoukhadhh Jag Saaraa ||	The Name of the Lord, the ambrosial, immaculate water, is the best medicine in the world.	(ਇਸ ਸਰੀਰਕ ਮੋਹ ਨੂੰ ਮਿਟਾਣ ਦਾ) ਇੱਕੋ ਹੀ ਸ੍ਰੇਸ਼ਟ ਇਲਾਜ ਜਗਤ ਵਿਚ ਹੈ, ਉਹ ਹੈ ਪ੍ਰਭੂ ਦਾ ਨਾਮ-ਰੂਪ ਅੰਮ੍ਰਿਤ, ਪਰਮਾਤਮਾ ਦਾ ਨਾਮ-ਰੂਪ ਨਿਰਮਲ ਜਲ।
28675	659	ਗੁਰ ਪਰਸਾਦਿ ਕਹੈ ਜਨੁ ਭੀਖਨੁ ਪਾਵਉ ਮੋਖ ਦੁਆਰਾ॥੩॥੧॥		Gur Parasaadh Kehai Jan Bheekhan Paavo Mokh Dhuaaraa ||3||1||	By Guru's Grace, says servant Bheekhan, I have found the Door of Salvation. ||3||1||	ਦਾਸ ਭੀਖਣ ਆਖਦਾ ਹੈ- (ਆਪਣੇ) ਗੁਰੂ ਦੀ ਕਿਰਪਾ ਨਾਲ ਮੈਂ ਇਹ ਨਾਮ ਜਪਣ ਦਾ ਰਸਤਾ ਲੱਭ ਲਿਆ ਹੈ, ਜਿਸ ਕਰਕੇ ਮੈਂ ਸਰੀਰਕ ਮੋਹ ਤੋਂ ਖ਼ਲਾਸੀ ਪਾ ਲਈ ਹੈ ॥੩॥੧॥

28676	659	ਐਸਾ ਨਾਮੁ ਰਤਨੁ ਨਿਰਮੋਲਕੁ ਪੁੰਨਿ ਪਦਾਰਥੁ ਪਾਇਆ॥		Aisaa Naam Rathan Niramolak Punn Padhaarathh Paaeiaa ||	Such is the Naam, the Name of the Lord, the invaluable jewel, the most sublime wealth, which I have found through good deeds.	ਪਰਮਾਤਮਾ ਦਾ ਨਾਮ ਇਕ ਐਸਾ ਅਮੋਲਕ ਪਦਾਰਥ ਹੈ ਜੋ ਭਾਗਾਂ ਨਾਲ ਮਿਲਦਾ ਹੈ।
28677	659	ਅਨਿਕ ਜਤਨ ਕਰਿ ਹਿਰਦੈ ਰਾਖਿਆ ਰਤਨੁ ਨ ਛਪੈ ਛਪਾਇਆ॥੧॥		Anik Jathan Kar Hiradhai Raakhiaa Rathan N Shhapai Shhapaaeiaa ||1||	By various efforts, I have enshrined it within my heart; this jewel cannot be hidden by hiding it. ||1||	ਇਸ ਰਤਨ ਨੂੰ ਜੇ ਅਨੇਕਾਂ ਜਤਨ ਕਰ ਕੇ ਭੀ ਹਿਰਦੇ ਵਿਚ (ਗੁਪਤ) ਰੱਖਏ, ਤਾਂ ਭੀ ਲੁਕਾਇਆਂ ਇਹ ਲੁਕਦਾ ਨਹੀਂ ॥੧॥
28678	659	ਹਰਿ ਗੁਨ ਕਹਤੇ ਕਹਨੁ ਨ ਜਾਈ॥		Har Gun Kehathae Kehan N Jaaee ||	The Glorious Praises of the Lord cannot be spoken by speaking.	(ਉਂਞ ਉਹ ਸੁਆਦ) ਦੱਸਿਆ ਨਹੀਂ ਜਾ ਸਕਦਾ (ਜੋ) ਪਰਮਾਤਮਾ ਦੇ ਗੁਣ ਗਾਉਂਦਿਆਂ (ਆਉਂਦਾ ਹੈ),
28679	659	ਜੈਸੇ ਗੂੰਗੇ ਕੀ ਮਿਠਿਆਈ॥੧॥ਰਹਾਉ॥		Jaisae Goongae Kee Mithiaaee ||1|| Rehaao ||	They are like the sweet candies given to a mute. ||1||Pause||	ਜਿਵੇਂ ਗੂੰਗੇ ਮਨੁੱਖ ਦੀ ਖਾਧੀ ਮਠਿਆਈ (ਦਾ ਸੁਆਦ ਕਿਸੇ ਹੋਰ ਨੂੰ ਪਤਾ ਨਹੀਂ ਲੱਗ ਸਕਦਾ, ਗੁੰਗਾ ਦੱਸ ਨਹੀਂ ਸਕਦਾ) ॥੧॥ ਰਹਾਉ ॥
28680	659	ਰਸਨਾ ਰਮਤ ਸੁਨਤ ਸੁਖੁ ਸ੍ਰਵਨਾ ਚਿਤ ਚੇਤੇ ਸੁਖੁ ਹੋਈ॥		Rasanaa Ramath Sunath Sukh Sravanaa Chith Chaethae Sukh Hoee ||	The tongue speaks, the ears listen, and the mind contemplates the Lord; they find peace and comfort.	(ਇਹ ਰਤਨ-ਨਾਮ) ਜਪਦਿਆਂ ਜੀਭ ਨੂੰ ਸੁਖ ਮਿਲਦਾ ਹੈ, ਸੁਣਦਿਆਂ ਕੰਨਾਂ ਨੂੰ ਸੁਖ ਮਿਲਦਾ ਹੈ ਤੇ ਚੇਤਦਿਆਂ ਚਿੱਤ ਨੂੰ ਸੁਖ ਪ੍ਰਾਪਤ ਹੁੰਦਾ ਹੈ।

28681	659	ਕਹੁ ਭੀਖਨ ਦੁਇ ਨੈਨ ਸੰਤੋਖੇ ਜਹ ਦੇਖਾਂ ਤਹ ਸੋਈ॥੨॥੨॥		Kahu Bheekhan Dhue Nain Santhokhae Jeh Dhaekhaan Theh Soee ||2||2||	Says Bheekhan, my eyes are content; wherever I look, there I see the Lord. ||2||2||	ਹੇ ਭੀਖਨ! (ਤੂੰ ਭੀ) ਆਖ-(ਇਹ ਨਾਮ ਸਿਮਰਦਿਆਂ) ਮੇਰੀਆਂ ਦੋਹਾਂ ਅੱਖਾਂ ਵਿਚ (ਐਸੀ) ਠੰਢ ਪਈ ਹੈ ਕਿ ਮੈਂ ਜਿੱਧਰ ਤੱਕਦਾ ਹਾਂ ਉਸ ਪਰਮਾਤਮਾ ਨੂੰ ਹੀ ਵੇਖਦਾ ਹਾਂ ॥੨॥੨॥
28682	660	ਧਨਾਸਰੀ ਮਹਲਾ ੧ ਘਰੁ ੧ ਚਉਪਦੇ		Dhhanaasaree Mehalaa 1 Ghar 1 Choupadhae	Dhanaasaree, First Mehl, First House, Chau-Padas:	ਰਾਗ ਧਨਾਸਰੀ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
28683	660	੧ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
28684	660	ਜੀਉ ਡਰਤੁ ਹੈ ਆਪਣਾ ਕੈ ਸਿਉ ਕਰੀ ਪੁਕਾਰ॥		Jeeo Ddarath Hai Aapanaa Kai Sio Karee Pukaar ||	My soul is afraid; to whom should I complain?	(ਜਗਤ ਦੁੱਖਾਂ ਦਾ ਸਮੁੰਦਰ ਹੈ, ਇਹਨਾਂ ਦੁੱਖਾਂ ਨੂੰ ਵੇਖ ਕੇ) ਮੇਰੀ ਜਿੰਦ ਕੰਬਦੀ ਹੈ (ਪਰਮਾਤਮਾ ਤੋਂ ਬਿਨਾ ਹੋਰ ਕੋਈ ਬਚਾਣ ਵਾਲਾ ਦਿੱਸਦਾ ਨਹੀਂ) ਜਿਸ ਦੇ ਪਾਸ ਮੈਂ ਮਿੰਨਤਾਂ ਕਰਾਂ।

28685	660	ਦੂਖ ਵਿਸਾਰਣੁ ਸੇਵਿਆ ਸਦਾ ਸਦਾ ਦਾਤਾਰੁ॥੧॥		Dhookh Visaaran Saeviaa Sadhaa Sadhaa Dhaathaar ||1||	I serve Him, who makes me forget my pains; He is the Giver, forever and ever. ||1||	(ਸੋ, ਹੋਰ ਆਸਰੇ ਛੱਡ ਕੇ) ਮੈਂ ਦੁੱਖਾਂ ਦੇ ਨਾਸ ਕਰਨ ਵਾਲੇ ਪ੍ਰਭੂ ਨੂੰ ਹੀ ਸਿਮਰਦਾ ਹਾਂ, ਉਹ ਸਦਾ ਹੀ ਬਖ਼ਸ਼ਸ਼ਾਂ ਕਰਨ ਵਾਲਾ ਹੈ ॥੧॥
28686	660	ਸਾਹਿਬੁ ਮੇਰਾ ਨੀਤ ਨਵਾ ਸਦਾ ਸਦਾ ਦਾਤਾਰੁ॥੧॥ਰਹਾਉ॥		Saahib Maeraa Neeth Navaa Sadhaa Sadhaa Dhaathaar ||1|| Rehaao ||	My Lord and Master is forever new; He is the Giver, forever and ever. ||1||Pause||	(ਫਿਰ ਉਹ) ਮੇਰਾ ਮਾਲਿਕ ਸਦਾ ਹੀ ਬਖ਼ਸ਼ਸ਼ਾਂ ਤਾਂ ਕਰਦਾ ਰਹਿੰਦਾ ਹੈ (ਪਰ ਉਹ ਮੇਰੇ ਨਿੱਤ ਦੇ ਤਰਲੇ ਸੁਣ ਕੇ ਕਦੇ ਅੱਕਦਾ ਨਹੀਂ, ਬਖ਼ਸ਼ਸ਼ਾਂ ਵਿਚ) ਨਿੱਤ ਇਉਂ ਹੈ ਜਿਵੇਂ ਪਹਿਲੀ ਵਾਰੀ ਹੀ ਬਖ਼ਸ਼ਸ਼ ਕਰਨ ਲੱਗਾ ਹੈ ॥੧॥ ਰਹਾਉ ॥
28687	660	ਅਨ ਦਿਨੁ ਸਾਹਿਬੁ ਸੇਵੀਐ ਅੰਤਿ ਛਡਾਏ ਸੋਇ॥		Anadhin Saahib Saeveeai Anth Shhaddaaeae Soe ||	Night and day, I serve my Lord and Master; He shall save me in the end.	ਹੇ ਮੇਰੀ ਜਿੰਦੇ! ਹਰ ਰੋਜ਼ ਉਸ ਮਾਲਿਕ ਨੂੰ ਯਾਦ ਕਰਨਾ ਚਾਹੀਦਾ ਹੈ (ਦੁੱਖਾਂ ਵਿਚੋਂ) ਆਖ਼ਰ ਉਹੀ ਬਚਾਂਦਾ ਹੈ।
28688	660	ਸੁਣਿ ਸੁਣਿ ਮੇਰੀ ਕਾਮਣੀ ਪਾਰਿ ਉਤਾਰਾ ਹੋਇ॥੨॥	(ਕਾਮਣੀ) ਸਖੀ	Sun Sun Maeree Kaamanee Paar Outhaaraa Hoe ||2||	Hearing and listening, O my dear sister, I have crossed over. ||2||	ਹੇ ਜਿੰਦੇ! ਧਿਆਨ ਨਾਲ ਸੁਣ (ਉਸ ਮਾਲਿਕ ਦਾ ਆਸਰਾ ਲਿਆਂ ਹੀ ਦੁੱਖਾਂ ਦੇ ਸਮੁੰਦਰ ਵਿਚੋਂ) ਪਾਰ ਲੰਘ ਸਕੀਦਾ ਹੈ ॥੨॥
28689	660	ਦਇਆਲ ਤੇਰੈ ਨਾਮਿ ਤਰਾ॥		Dhaeiaal Thaerai Naam Tharaa ||	O Merciful Lord, Your Name carries me across.	ਹੇ ਦਿਆਲ ਪ੍ਰਭੂ! (ਮੇਹਰ ਕਰ, ਆਪਣਾ ਨਾਮ ਦੇਹ, ਤਾ ਕਿ) ਤੇਰੇ ਨਾਮ ਦੀ ਰਾਹੀਂ ਮੈਂ (ਦੁੱਖਾਂ ਦੇ ਇਸ ਸਮੁੰਦਰ ਵਿਚੋਂ) ਪਾਰ ਲੰਘ ਸਕਾਂ।

28690	660	ਸਦ ਕੁਰਬਾਣੈ ਜਾਉ॥੧॥ਰਹਾਉ॥		Sadh Kurabaanai Jaao ||1|| Rehaao ||	I am forever a sacrifice to You. ||1||Pause||	ਮੈਂ ਤੈਥੋਂ ਸਦਾ ਸਦਕੇ ਜਾਂਦਾ ਹਾਂ ॥੧॥ ਰਹਾਉ ॥
28691	660	ਸਰਬੰ ਸਾਚਾ ਏਕੁ ਹੈ ਦੂਜਾ ਨਾਹੀ ਕੋਇ॥		Saraban Saachaa Eaek Hai Dhoojaa Naahee Koe ||	In all the world, there is only the One True Lord; there is no other at all.	ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਹੀ ਸਭ ਥਾਈਂ ਮੌਜੂਦ ਹੈ, ਉਸ ਤੋਂ ਬਿਨਾ ਹੋਰ ਕੋਈ ਨਹੀਂ।
28692	660	ਤਾ ਕੀ ਸੇਵਾ ਸੋ ਕਰੇ ਜਾ ਕਉ ਨਦਰਿ ਕਰੇ॥੩॥		Thaa Kee Saevaa So Karae Jaa Ko Nadhar Karae ||3||	He alone serves the Lord, upon whom the Lord casts His Glance of Grace. ||3||	ਜਿਸ ਜੀਵ ਉਤੇ ਉਹ ਮੇਹਰ ਦੀ ਨਿਗਾਹ ਕਰਦਾ ਹੈ, ਉਹ ਉਸ ਦਾ ਸਿਮਰਨ ਕਰਦਾ ਹੈ ॥੩॥
28693	660	ਤੁਧੁ ਬਾਝੁ ਪਿਆਰੇ ਕੇਵ ਰਹਾ॥		Thudhh Baajh Piaarae Kaev Rehaa ||	Without You, O Beloved, how could I even live?	ਹੇ ਪਿਆਰੇ (ਪ੍ਰਭੂ!) ਤੇਰੀ ਯਾਦ ਤੋਂ ਬਿਨਾ ਮੈਂ ਵਿਆਕੁਲ ਹੋ ਜਾਂਦਾ ਹਾਂ।
28694	660	ਸਾ ਵਡਿਆਈ ਦੇਹਿ ਜਿਤੁ ਨਾਮਿ ਤੇਰੇ ਲਾਗਿ ਰਹਾਂ॥		Saa Vaddiaaee Dhaehi Jith Naam Thaerae Laag Rehaan ||	Bless me with such greatness, that I may remain attached to Your Name.	ਮੈਨੂੰ ਕੋਈ ਉਹ ਵੱਡੀ ਦਾਤਿ ਦੇਹ, ਜਿਸ ਦਾ ਸਦਕਾ ਮੈਂ ਤੇਰੇ ਨਾਮ ਵਿਚ ਜੁੜਿਆ ਰਹਾਂ।
28695	660	ਦੂਜਾ ਨਾਹੀ ਕੋਇ ਜਿਸੁ ਆਗੈ ਪਿਆਰੇ ਜਾਇ ਕਹਾ॥੧॥ਰਹਾਉ॥		Dhoojaa Naahee Koe Jis Aagai Piaarae Jaae Kehaa ||1|| Rehaao ||	There is no other, O Beloved, to whom I can go and speak. ||1||Pause||	ਹੇ ਪਿਆਰੇ! ਤੈਥੋਂ ਬਿਨਾ ਹੋਰ ਐਸਾ ਕੋਈ ਨਹੀਂ ਹੈ, ਜਿਸ ਪਾਸ ਜਾ ਕੇ ਮੈਂ ਇਹ ਅਰਜ਼ੋਈ ਕਰ ਸਕਾਂ ॥੧॥ ਰਹਾਉ ॥

28696	660	ਸੇਵੀ ਸਾਹਿਬੁ ਆਪਣਾ ਅਵਰੁ ਨ ਜਾਚੰਉ ਕੋਇ॥		Saevee Saahib Aapanaa Avar N Jaachano Koe ||	I serve my Lord and Master; I ask for no other.	(ਦੁੱਖਾਂ ਦੇ ਇਸ ਸਾਗਰ ਵਿਚੋਂ ਤਰਨ ਲਈ) ਮੈਂ ਆਪਣੇ ਮਾਲਿਕ ਪ੍ਰਭੂ ਨੂੰ ਹੀ ਯਾਦ ਕਰਦਾ ਹਾਂ, ਕਿਸੇ ਹੋਰ ਪਾਸੋਂ ਮੈਂ ਇਹ ਮੰਗ ਨਹੀਂ ਮੰਗਦਾ।
28697	660	ਨਾਨਕੁ ਤਾ ਕਾ ਦਾਸੁ ਹੈ ਬਿੰਦ ਬਿੰਦ ਚੁਖ ਚੁਖ ਹੋਇ॥੪॥	(ਬਿੰਦ) ਖਿਨ। (ਚੁਖ) ਟੋਟੇ, ਕੁਰਬਾਨ	Naanak Thaa Kaa Dhaas Hai Bindh Bindh Chukh Chukh Hoe ||4||	Nanak is His slave; moment by moment, bit by bit, he is a sacrifice to Him. ||4||	ਨਾਨਕ (ਆਪਣੇ) ਉਸ (ਮਾਲਿਕ) ਦਾ ਹੀ ਸੇਵਕ ਹੈ, ਉਸ ਮਾਲਿਕ ਤੋਂ ਹੀ ਖਿਨ ਖਿਨ ਸਦਕੇ ਹੁੰਦਾ ਹੈ ॥੪॥
28698	660	ਸਾਹਿਬ ਤੇਰੇ ਨਾਮ ਵਿਟਹੁ ਬਿੰਦ ਬਿੰਦ ਚੁਖ ਚੁਖ ਹੋਇ॥੧॥ਰਹਾਉ॥੪॥੧॥		Saahib Thaerae Naam Vittahu Bindh Bindh Chukh Chukh Hoe ||1|| Rehaao ||4||1||	O Lord Master, I am a sacrifice to Your Name, moment by moment, bit by bit. ||1||Pause||4||1||	ਹੇ ਮੇਰੇ ਮਾਲਿਕ! ਮੈਂ ਤੇਰੇ ਨਾਮ ਤੋਂ ਖਿਨ ਖਿਨ ਕੁਰਬਾਨ ਜਾਂਦਾ ਹਾਂ ॥੧॥ ਰਹਾਉ ॥੪॥੧॥
28699	660	ਧਨਾਸਰੀ ਮਹਲਾ ੧॥		Dhhanaasaree Mehalaa 1 ||	Dhanaasaree, First Mehl:	
28700	660	ਹਮ ਆਦਮੀ ਹਾਂ ਇਕ ਦਮੀ ਮੁਹਲਤਿ ਮੁਹਤੁ ਨ ਜਾਣਾ॥	ਜ਼ਿੰਦਗੀ ਦੀ (ਮੁਹ-ਲਤਿ) ਮੁਨਿਆਦ। (ਮੁਹ-ਤੁ)ਮੌਤ ਦੇ ਸਮੇਂ	Ham Aadhamee Haan Eik Dhamee Muhalath Muhath N Jaanaa ||	We are human beings of the briefest moment; we do not know the appointed time of our departure.	(ਹੇ ਭਾਈ!) ਅਸੀਂ ਆਦਮੀ ਇਕ ਦਮ ਦੇ ਹੀ ਮਾਲਕ ਹਾਂ (ਕੀਹ ਪਤਾ ਹੈ ਕਿ ਦਮ ਕਦੋਂ ਮੁੱਕ ਜਾਏ? ਸਾਨੂੰ ਆਪਣੀ ਜ਼ਿੰਦਗੀ ਦੀ) ਮਿਆਦ ਦਾ ਪਤਾ ਨਹੀਂ ਹੈ, ਸਾਨੂੰ ਇਹ ਪਤਾ ਨਹੀਂ ਕਿ ਮੌਤ ਦਾ ਵਕਤ ਕਦੋਂ ਆ ਜਾਣਾ ਹੈ।

28701	660	ਨਾਨਕੁ ਬਿਨਵੈ ਤਿਸੈ ਸਰੇਵਹੁ ਜਾ ਕੇ ਜੀਅ ਪਰਾਣਾ॥੧॥		Naanak Binavai Thisai Saraevahu Jaa Kae Jeea Paraanaa ||1||	Prays Nanak, serve the One, to whom our soul and breath of life belong. ||1||	(ਇਸ ਵਾਸਤੇ) ਨਾਨਕ ਬੇਨਤੀ ਕਰਦਾ ਹੈ- ਉਸ ਪਰਮਾਤਮਾ ਦਾ ਸਿਮਰਨ ਕਰੋ ਜਿਸ ਨੇ ਇਹ ਜਿੰਦ ਤੇ ਸੁਆਸ ਦਿੱਤੇ ਹੋਏ ਹਨ ॥੧॥
28702	660	ਅੰਧੇ ਜੀਵਨਾ ਵੀਚਾਰਿ ਦੇਖਿ ਕੇਤੇ ਕੇ ਦਿਨਾ॥੧॥ਰਹਾਉ॥	ਕੇਤੇ-ਕੇ	Andhhae Jeevanaa Veechaar Dhaekh Kaethae Kae Dhinaa ||1|| Rehaao ||	You are blind - see and consider, how many days your life shall last. ||1||Pause||	ਹੇ (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਜੀਵ! (ਅੱਖਾਂ ਖੋਲ੍ਹ ਕੇ) ਵੇਖ, ਸੋਚ ਸਮਝ, ਇਥੇ ਜਗਤ ਵਿਚ ਥੋੜੇ ਹੀ ਦਿਨਾਂ ਦੀ ਜ਼ਿੰਦਗੀ ਹੈ ॥੧॥ ਰਹਾਉ ॥
28703	660	ਸਾਸੁ ਮਾਸੁ ਸਭੁ ਜੀਉ ਤੁਮਾਰਾ ਤੂ ਮੈ ਖਰਾ ਪਿਆਰਾ॥	(ਮਾਸੁ) ਸਰੀਰ	Saas Maas Sabh Jeeo Thumaaraa Thoo Mai Kharaa Piaaraa ||	My breath, my flesh and my soul are all Yours, Lord; You are so very dear to me.	ਹੇ ਪ੍ਰਭੂ! (ਜਿਵੇਂ) ਇਹ ਸੁਆਸ ਇਹ ਸਰੀਰ ਇਹ ਜਿੰਦ ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ (ਤਿਵੇਂ) ਆਪਣਾ ਪਿਆਰ ਭੀ ਤੂੰ ਆਪ ਹੀ ਦੇਹ।
28704	660	ਨਾਨਕੁ ਸਾਇਰੁ ਏਵ ਕਹਤੁ ਹੈ ਸਚੇ ਪਰਵਦਗਾਰਾ॥੨॥		Naanak Saaeir Eaev Kehath Hai Sachae Paravadhagaaraa ||2||	Nanak, the poet, says this, O True Lord Cherisher. ||2||	ਹੇ ਸਦਾ ਅਟੱਲ ਰਹਿਣ ਵਾਲੇ ਤੇ ਜੀਵਾਂ ਦੇ ਪਾਲਣ ਵਾਲੇ ਪ੍ਰਭੂ! ਤੇਰਾ ਢਾਢੀ ਨਾਨਕ (ਤੇਰੇ ਦਰ ਤੇ) ਇਹ ਹੀ ਬੇਨਤੀ ਕਰਦਾ ਹੈ ॥੨॥
28705	660	ਜੇ ਤੂ ਕਿਸੈ ਨ ਦੇਹੀ ਮੇਰੇ ਸਾਹਿਬਾ ਕਿਆ ਕੋ ਕਢੈ ਗਹਣਾ॥		Jae Thoo Kisai N Dhaehee Maerae Saahibaa Kiaa Ko Kadtai Gehanaa ||	If you gave nothing, O my Lord and Master, what could anyone pledge to You?	ਹੇ ਮੇਰੇ ਮਾਲਿਕ! ਜੇ ਤੂੰ ਆਪਣੇ ਪਿਆਰ ਦੀ ਦਾਤਿ ਆਪ ਹੀ ਕਿਸੇ ਜੀਵ ਨੂੰ ਨਾਹ ਦੇਵੇਂ, ਤਾਂ ਜੀਵ ਪਾਸ ਕੋਈ ਐਸ਼ੀ ਸ਼ੈ ਨਹੀਂ ਜੋ ਵੱਟੇ ਵਿਚ ਦੇ ਕੇ ਤੇਰਾ ਪਿਆਰ ਵਿਹਾਝ ਲਏ।

28706	660	ਨਾਨਕੁ ਬਿਨਵੈ ਸੋ ਕਿਛੁ ਪਾਈਐ ਪੁਰਬਿ ਲਿਖੇ ਕਾ ਲਹਣਾ॥੩॥		Naanak Binavai So Kishh Paaeeai Purab Likhae Kaa Lehanaa ||3||	Nanak prays, we receive that which we are pre-destined to receive. ||3||	ਨਾਨਕ ਬੇਨਤੀ ਕਰਦਾ ਹੈ ਕਿ ਜੀਵ ਨੂੰ ਤਾਂ ਉਹੀ ਕੁਝ ਮਿਲ ਸਕਦਾ ਹੈ ਜੋ ਉਸ ਦੇ ਪੂਰਬਲੇ ਕੀਤੇ ਕਰਮਾਂ ਅਨੁਸਾਰ ਸੰਸਕਾਰ-ਰੂਪ ਲੇਖ (ਉਸ ਦੇ ਮੱਥੇ ਤੇ ਲਿਖਿਆ ਹੋਇਆ) ਹੈ (ਆਪਣੇ ਨਾਮ ਤੇ ਪਿਆਰ ਦੀ ਦਾਤਿ ਤਾਂ ਤੂੰ ਆਪ ਹੀ ਦੇਣੀ ਹੈ) ॥੩॥
28707	660	ਨਾਮੁ ਖਸਮ ਕਾ ਚਿਤਿ ਨ ਕੀਆ ਕਪਟੀ ਕਪਟੁ ਕਮਾਣਾ॥		Naam Khasam Kaa Chith N Keeaa Kapattee Kapatt Kamaanaa ||	The deceitful person does not remember the Lord's Name; he practices only deceit.	(ਪਿਛਲੇ ਕਰਮਾਂ ਦੇ ਸੰਸਕਾਰਾਂ ਦੇ ਅਸਰ ਹੇਠ) ਛਲੀ ਮਨੁੱਖ ਤਾਂ ਛਲ ਹੀ ਕਮਾਂਦਾ ਰਹਿੰਦਾ ਹੈ, ਤੇ ਖਸਮ-ਪ੍ਰਭੂ ਦਾ ਨਾਮ ਆਪਣੇ ਮਨ ਵਿਚ ਨਹੀਂ ਵਸਾਂਦਾ।
28708	660	ਜਮ ਦੁਆਰਿ ਜਾ ਪਕੜਿ ਚਲਾਇਆ ਤਾ ਚਲਦਾ ਪਛੁਤਾਣਾ॥੪॥		Jam Dhuaar Jaa Pakarr Chalaaeiaa Thaa Chaladhaa Pashhuthaanaa ||4||	When he is marched in chains to Death's door, then, he regrets his actions. ||4||	(ਸਾਰੀ ਉਮਰ ਇਉਂ ਹੀ ਲੰਘਾ ਕੇ ਅਖ਼ੀਰ ਵੇਲੇ) ਜਦੋਂ ਫੜ ਕੇ ਜਮਰਾਜ ਦੇ ਬੂਹੇ ਵਲ ਧੱਕਿਆ ਜਾਂਦਾ ਹੈ, ਤਾਂ (ਇਥੋਂ) ਤੁਰਨ ਵੇਲੇ ਹੱਥ ਮਲਦਾ ਹੈ ॥੪॥
28709	661	ਜਬ ਲਗੁ ਦੁਨੀਆ ਰਹੀਐ ਨਾਨਕ ਕਿਛੁ ਸੁਣੀਐ ਕਿਛੁ ਕਹੀਐ॥		Jab Lag Dhuneeaa Reheeai Naanak Kishh Suneeai Kishh Keheeai ||	As long as we are in this world, O Nanak, we should listen, and speak of the Lord.	ਹੇ ਨਾਨਕ! ਜਦ ਤਕ ਦੁਨੀਆ ਵਿਚ ਜੀਊਣਾ ਹੈ ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣਨੀ-ਕਰਨੀ ਚਾਹੀਦੀ ਹੈ (ਇਹੀ ਹੈ ਮਨੁੱਖਾ ਜਨਮ ਦਾ ਲਾਭ, ਤੇ ਇਥੇ ਸਦਾ ਨਹੀਂ ਬੈਠ ਰਹਿਣਾ)।

28710	661	ਭਾਲਿ ਰਹੇ ਹਮ ਰਹਣੁ ਨ ਪਾਇਆ ਜੀਵਤਿਆ ਮਰਿ ਰਹੀਐ॥੫॥੨॥		Bhaal Rehae Ham Rehan N Paaeiaa Jeevathiaa Mar Reheeai ||5||2||	I have searched, but I have found no way to remain here; so, remain dead while yet alive. ||5||2||	ਅਸੀਂ ਢੂੰਡ ਚੁਕੇ ਹਾਂ, ਕਿਸੇ ਨੂੰ ਸਦਾ ਦਾ ਟਿਕਾਣਾ ਇਥੇ ਨਹੀਂ ਮਿਲਿਆ, ਇਸ ਵਾਸਤੇ ਜਿਤਨਾ ਚਿਰ ਜੀਵਨ-ਅਵਸਰ ਮਿਲਿਆ ਹੈ ਦੁਨੀਆ ਦੀਆਂ ਵਾਸਨਾਂ ਵਲੋਂ ਮਰ ਕੇ ਜ਼ਿੰਦਗੀ ਦੇ ਦਿਨ ਗੁਜ਼ਾਰੀਏ ॥੫॥੨॥
28711	661	ਧਨਾਸਰੀ ਮਹਲਾ ੧ ਘਰੁ ਦੂਜਾ		Dhhanaasaree Mehalaa 1 Ghar Dhoojaa	Dhanaasaree, First Mehl, Second House:	ਰਾਗ ਧਨਾਸਰੀ, ਘਰ ੨ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
28712	661	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
28713	661	ਕਿਉ ਸਿਮਰੀ ਸਿਵਰਿਆ ਨਹੀ ਜਾਇ॥		Kio Simaree Sivariaa Nehee Jaae ||	How can I remember the Lord in meditation? I cannot meditate on Him in remembrance.	(ਚਲਾਕੀ ਜਾਂ ਧੱਕੇ ਨਾਲ) ਪਰਮਾਤਮਾ ਦਾ ਸਿਮਰਨ ਨਹੀਂ ਕੀਤਾ ਜਾ ਸਕਦਾ। ਫਿਰ ਮੈਂ ਕਿਵੇਂ ਉਸ ਦਾ ਸਿਮਰਨ ਕਰਾਂ?
28714	661	ਤਪੈ ਹਿਆਉ ਜੀਅੜਾ ਬਿਲਲਾਇ॥	(ਹਿਆਉ)ਰਿਦਾ	Thapai Hiaao Jeearraa Bilalaae ||	My heart is burning, and my soul is crying out in pain.	(ਕੀਹ ਕੀਤਾ ਜਾਏ? ਉਸ ਦੀ ਯਾਦ ਤੋਂ ਬਿਨਾਂ) ਦਿਲ ਸੜਦਾ ਰਹਿੰਦਾ ਹੈ, ਜਿੰਦ ਦੁਖੀ ਰਹਿੰਦੀ ਹੈ।

28715	661	ਸਿਰਜਿ ਸਵਾਰੇ ਸਾਚਾ ਸੋਇ॥		Siraj Savaarae Saachaa Soe ||	The True Lord creates and adorns.	(ਅਸਲ ਗੱਲ ਇਹ ਹੈ ਕਿ) ਸਦਾ-ਥਿਰ ਰਹਿਣ ਵਾਲਾ ਪ੍ਰਭੂ ਜੀਵਾਂ ਨੂੰ ਪੈਦਾ ਕਰ ਕੇ ਆਪ ਹੀ (ਸਿਮਰਨ ਦੀ ਦਾਤਿ ਦੇ ਕੇ) ਚੰਗੇ ਜੀਵਨ ਵਾਲਾ ਬਣਾਂਦਾ ਹੈ।
28716	661	ਤਿਸੁ ਵਿਸਰਿਐ ਚੰਗਾ ਕਿਉ ਹੋਇ॥੧॥		This Visariai Changaa Kio Hoe ||1||	Forgetting Him, how can one be good? ||1||	ਜੇ ਉਸ ਪ੍ਰਭੂ ਨੂੰ ਭੁਲਾ ਦੇਈਏ, ਤਾਂ ਭੀ ਜੀਵਨ ਚੰਗਾ ਕਦੇ ਨਹੀਂ ਬਣ ਸਕਦਾ ॥੧॥
28717	661	ਹਿਕਮਤਿ ਹੁਕਮਿ ਨ ਪਾਇਆ ਜਾਇ॥	(ਹਿਕਮਤਿ) ਚਲਾਕੀ	Hikamath Hukam N Paaeiaa Jaae ||	By clever tricks and commands, He cannot be found.	ਹੇ ਮੇਰੀ ਮਾਂ! ਕਿਸੇ ਚਲਾਕੀ ਨਾਲ ਜਾਂ ਕੋਈ ਹੱਕ ਜਤਾਣ ਨਾਲ ਪਰਮਾਤਮਾ ਨਹੀਂ ਮਿਲਦਾ।
28718	661	ਕਿਉ ਕਰਿ ਸਾਚਿ ਮਿਲਉ ਮੇਰੀ ਮਾਇ॥੧॥ਰਹਾਉ॥		Kio Kar Saach Milo Maeree Maae ||1|| Rehaao ||	How am I to meet my True Lord, O my mother? ||1||Pause||	ਹੋਰ ਕਿਹੜਾ ਤਰੀਕਾ ਹੈ ਜਿਸ ਨਾਲ ਮੈਂ ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਮਿਲ ਸਕਦਾ ਹਾਂ? ॥੧॥ ਰਹਾਉ ॥
28719	661	ਵਖਰੁ ਨਾਮੁ ਦੇਖਣ ਕੋਈ ਜਾਇ॥	(ਵਖਰੁ) ਸੌਦਾ	Vakhar Naam Dhaekhan Koee Jaae ||	How rare is the one who goes out, and searches for the merchandise of the Naam.	(ਜੇ ਉਸ ਦੀ ਮੇਹਰ ਨ ਹੋਵੇ ਤਾਂ) ਇਸ ਨਾਮ-ਵੱਖਰ ਨੂੰ ਨਾਹ ਕੋਈ ਪਰਖਣ ਲਈ ਜਾਂਦਾ ਹੈ,
28720	661	ਨਾ ਕੋ ਚਾਖੈ ਨਾ ਕੋ ਖਾਇ॥		Naa Ko Chaakhai Naa Ko Khaae ||	No one tastes it, and no one eats it.	ਨਾਹ ਕੋਈ ਇਸ ਨੂੰ ਖਾ ਕੇ ਵੇਖਦਾ ਹੈ।

28721	661	ਲੋਕਿ ਪਤੀਣੈ ਨਾ ਪਤਿ ਹੋਇ॥		Lok Patheenai Naa Path Hoe ||	Honor is not obtained by trying to please other people.	(ਚਲਾਕੀਆਂ ਵਰਤ ਕੇ ਜਗਤ ਦੀ ਤਸੱਲੀ ਕਰਾ ਦਿੱਤੀ ਜਾਂਦੀ ਹੈ ਕਿ ਅਸੀਂ ਨਾਮ-ਵੱਖਰ ਵਿਹਾਝ ਰਹੇ ਹਾਂ) ਪਰ ਨਿਰਾ ਜਗਤ ਦੀ ਤਸੱਲੀ ਕਰਾਇਆਂ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਨਹੀਂ ਮਿਲਦਾ (ਲੋਕ-ਵਿਖਾਵੇ ਵਾਲੀ ਭਗਤੀ ਪਰਵਾਨ ਨਹੀਂ ਹੁੰਦੀ)।
28722	661	ਤਾ ਪਤਿ ਰਹੈ ਰਾਖੈ ਜਾ ਸੋਇ॥੨॥		Thaa Path Rehai Raakhai Jaa Soe ||2||	One's honor is preserved, only if the Lord preserves it. ||2||	ਇੱਜ਼ਤ ਤਦੋਂ ਹੀ ਮਿਲਦੀ ਹੈ ਜੇ ਪ੍ਰਭੂ (ਆਪ ਮੇਹਰ ਕਰ ਕੇ ਨਾਮ ਦੀ ਦਾਤਿ ਦੇਵੇ ਤੇ) ਇੱਜ਼ਤ ਰੱਖੇ ॥੨॥
28723	661	ਜਹ ਦੇਖਾ ਤਹ ਰਹਿਆ ਸਮਾਇ॥		Jeh Dhaekhaa Theh Rehiaa Samaae ||	Wherever I look, there I see Him, pervading and permeating.	(ਹੇ ਪ੍ਰਭੂ!) ਜਿੱਧਰ ਮੈਂ ਵੇਖਦਾ ਹਾਂ ਉਧਰ ਹੀ ਤੂੰ ਮੌਜੂਦ ਹੈਂ,
28724	661	ਤੁਧੁ ਬਿਨੁ ਦੂਜੀ ਨਾਹੀ ਜਾਇ॥		Thudhh Bin Dhoojee Naahee Jaae ||	Without You, I have no other place of rest.	(ਤੈਨੂੰ ਮਿਲਣ ਵਾਸਤੇ) ਤੈਥੋਂ ਬਿਨਾ ਹੋਰ ਕੋਈ ਆਸਰਾ ਨਹੀਂ ਹੈ।
28725	661	ਜੇ ਕੋ ਕਰੇ ਕੀਤੈ ਕਿਆ ਹੋਇ॥		Jae Ko Karae Keethai Kiaa Hoe ||	He may try, but what can anyone do by his own doing?	ਜੋ ਕੋਈ ਜੀਵ (ਪ੍ਰਭੂ ਨੂੰ ਮਿਲਣ ਵਾਸਤੇ ਹਿਕਮਤਿ ਆਦਿਕ ਵਾਲਾ ਕੋਈ ਜਤਨ) ਕਰੇ, ਤਾਂ ਅਜੇਹੇ ਜਤਨ ਨਾਲ ਕੋਈ ਲਾਭ ਨਹੀਂ ਹੁੰਦਾ।

28726	661	ਜਿਸ ਨੋ ਬਖਸੇ ਸਾਚਾ ਸੋਇ॥੩॥		Jis No Bakhasae Saachaa Soe ||3||	He alone is blessed, whom the True Lord forgives. ||3||	(ਸਿਰਫ਼ ਉਹੀ ਜੀਵ ਪ੍ਰਭੂ ਨੂੰ ਮਿਲ ਸਕਦਾ ਹੈ) ਜਿਸ ਉਤੇ ਉਹ ਸਦਾ-ਥਿਰ ਪ੍ਰਭੂ ਆਪ (ਸਿਮਰਨ ਦੀ) ਬਖ਼ਸ਼ਸ਼ ਕਰੇ ॥੩॥
28727	661	ਹੁਣਿ ਉਠਿ ਚਲਣਾ ਮੁਹਤਿ ਕਿ ਤਾਲਿ॥	(ਕਿ) ਅਥਵਾ। ਚੱਲਣਾ	Hun Outh Chalanaa Muhath K Thaal ||	Now, I shall have to get up and depart, in an instant, in the clapping of hands.	(ਇਥੇ ਸਦਾ ਨਹੀਂ ਬੈਠੇ ਰਹਿਣਾ, ਇਥੋਂ) ਝਬਦੇ ਹੀ (ਹਰੇਕ ਜੀਵ ਨੇ ਆਪੋ ਆਪਣੀ ਵਾਰੀ) ਚਲੇ ਜਾਣਾ ਹੈ, ਇਕ ਪਲ ਵਿਚ ਜਾਂ ਇਕ ਤਾਲ ਵਿਚ (ਕਹਿ ਲਵੋ। ਇਥੇ ਪੱਕੇ ਡੇਰੇ ਨਹੀਂ ਹਨ)।
28728	661	ਕਿਆ ਮੁਹੁ ਦੇਸਾ ਗੁਣ ਨਹੀ ਨਾਲਿ॥		Kiaa Muhu Dhaesaa Gun Nehee Naal ||	What face will I show the Lord? I have no virtue at all.	(ਫਿਰ, ਇਸ ਸਮੇ ਵਿਚ ਜੇ ਮੈਂ ਲੋਕ-ਵਿਖਾਵਾ ਹੀ ਕਰਦਾ ਰਿਹਾ, ਤਾਂ) ਮੈਂ ਕੀਹ ਮੂੰਹ ਵਿਖਾਵਾਂਗਾ? ਮੇਰੇ ਪੱਲੇ ਗੁਣ ਨਹੀਂ ਹੋਣਗੇ।
28729	661	ਜੈਸੀ ਨਦਰਿ ਕਰੇ ਤੈਸਾ ਹੋਇ॥		Jaisee Nadhar Karae Thaisaa Hoe ||	As is the Lord's Glance of Grace, so it is.	(ਜੀਵ ਦੇ ਭੀ ਕੀਹ ਵੱਸ?) ਪਰਮਾਤਮਾ ਜੇਹੋ ਜੇਹੀ ਨਿਗਾਹ ਕਰਦਾ ਹੈ ਜੀਵ ਉਹੋ ਜੇਹੇ ਜੀਵਨ ਵਾਲਾ ਬਣ ਜਾਂਦਾ ਹੈ।
28730	661	ਵਿਣੁ ਨਦਰੀ ਨਾਨਕ ਨਹੀ ਕੋਇ॥੪॥੧॥੩॥		Vin Nadharee Naanak Nehee Koe ||4||1||3||	Without His Glance of Grace, O Nanak, no one is blessed. ||4||1||3||	ਹੇ ਨਾਨਕ! ਪ੍ਰਭੂ ਦੀ ਮੇਹਰ ਦੀ ਨਜ਼ਰ ਤੋਂ ਬਿਨਾ ਕੋਈ ਜੀਵ ਪ੍ਰਭੂ ਦੇ ਚਰਨਾਂ ਵਿਚ ਜੁੜ ਨਹੀਂ ਸਕਦਾ ॥੪॥੧॥੩॥
28731	661	ਧਨਾਸਰੀ ਮਹਲਾ ੩॥		Dhhanaasaree Mehalaa 1 ||	Dhanaasaree, First Mehl:	

28732	661	ਨਦਰਿ ਕਰੇ ਤਾ ਸਿਮਰਿਆ ਜਾਇ॥		Nadhar Karae Thaa Simariaa Jaae ||	If the Lord bestows His Glance of Grace, then one remembers Him in meditation.	ਪ੍ਰਭੂ ਆਪ ਹੀ ਮੇਹਰ ਦੀ ਨਜ਼ਰ ਕਰੇ ਤਾਂ (ਗੁਰੂ ਦੀ ਰਾਹੀਂ) ਉਸ ਦਾ ਸਿਮਰਨ ਕੀਤਾ ਜਾ ਸਕਦਾ ਹੈ।
28733	661	ਆਤਮਾ ਦ੍ਰਵੈ ਰਹੈ ਲਿਵ ਲਾਇ॥	(ਦ੍ਰਵੈ) ਕੋਮਲ	Aathamaa Dhravai Rehai Liv Laae ||	The soul is softened, and he remains absorbed in the Lord's Love.	(ਜੋ ਮਨੁੱਖ ਸਿਮਰਦਾ ਹੈ ਉਸ ਦਾ) ਆਤਮਾ (ਦੂਜਿਆਂ ਦੇ ਦੁੱਖ ਵੇਖ ਕੇ) ਨਰਮ ਹੁੰਦਾ ਹੈ (ਕਠੋਰਤਾ ਮੁੱਕ ਜਾਣ ਕਰਕੇ) ਉਹ ਪ੍ਰਭੂ ਵਿਚ ਸੁਰਤਿ ਜੋੜੀ ਰੱਖਦਾ ਹੈ।
28734	661	ਆਤਮਾ ਪਰਾਤਮਾ ਏਕੋ ਕਰੈ॥		Aathamaa Paraathamaa Eaeko Karai ||	His soul and the Supreme Soul become one.	ਉਹ ਮਨੁੱਖ ਆਪਣੇ ਆਪੇ ਤੇ ਦੂਜਿਆਂ ਦੇ ਆਪੇ ਨੂੰ ਇਕੋ ਜਿਹਾ ਸਮਝਦਾ ਹੈ,
28735	661	ਅੰਤਰ ਕੀ ਦੁਬਿਧਾ ਅੰਤਰਿ ਮਰੈ॥੧॥		Anthar Kee Dhubidhhaa Anthar Marai ||1||	The duality of the inner mind is overcome. ||1||	ਉਸ ਦੇ ਅੰਦਰ ਦੀ ਮੇਰ-ਤੇਰ ਅੰਦਰ ਹੀ ਮਿਟ ਜਾਂਦੀ ਹੈ ॥੧॥
28736	661	ਗੁਰ ਪਰਸਾਦੀ ਪਾਇਆ ਜਾਇ॥		Gur Parasaadhee Paaeiaa Jaae ||	By Guru's Grace, God is found.	ਪਰਮਾਤਮਾ ਦਾ ਸਿਮਰਨ ਗੁਰੂ ਦੀ ਕਿਰਪਾ ਨਾਲ ਹਾਸਲ ਹੁੰਦਾ ਹੈ,
28737	661	ਹਰਿ ਸਿਉ ਚਿਤੁ ਲਾਗੈ ਫਿਰਿ ਕਾਲੁ ਨ ਖਾਇ॥੧॥ਰਹਾਉ॥		Har Sio Chith Laagai Fir Kaal N Khaae ||1|| Rehaao ||	One's consciousness is attached to the Lord, and so Death does not devour him. ||1||Pause||	ਤੇ, ਜਿਸ ਮਨੁੱਖ ਦਾ ਚਿੱਤ ਪਰਮਾਤਮਾ ਨਾਲ ਪਰਚ ਜਾਂਦਾ ਹੈ ਉਸ ਨੂੰ ਮੁੜ ਮੌਤ ਦਾ ਡਰ ਨਹੀਂ ਪੋਹਦਾ ॥੧॥ ਰਹਾਉ ॥

28738	661	ਸਚਿ ਸਿਮਰਿਐ ਹੋਵੈ ਪਰਗਾਸੁ॥		Sach Simariai Hovai Paragaas ||	Remembering the True Lord in meditation, one is enlightened.	ਜੇ ਸਦਾ-ਥਿਰ ਪ੍ਰਭੂ ਨੂੰ ਸਿਮਰਿਆ ਜਾਏ ਤਾਂ ਸਹੀ ਜੀਵਨ ਦੀ ਸੂਝ ਪੈ ਜਾਂਦੀ ਹੈ,
28739	661	ਤਾ ਤੇ ਬਿਖਿਆ ਮਹਿ ਰਹੈ ਉਦਾਸੁ॥		Thaa Thae Bikhiaa Mehi Rehai Oudhaas ||	Then, in the midst of Maya, he remains detached.	ਉਸ 'ਪਰਗਾਸ' ਦੀ ਰਾਹੀਂ ਮਾਇਆ ਵਿਚ ਵਰਤਦਾ ਹੋਇਆ ਭੀ ਨਿਰਲੇਪ ਰਹਿੰਦਾ ਹੈ।
28740	661	ਸਤਿਗੁਰ ਕੀ ਐਸੀ ਵਡਿਆਈ॥		Sathigur Kee Aisee Vaddiaaee ||	Such is the Glory of the True Guru;	ਗੁਰੂ ਦੀ ਸਰਨ ਪੈਣ ਵਿਚ ਅਜੇਹੀ ਖ਼ੂਬੀ ਹੈ,
28741	661	ਪੁਤ੍ਰ ਕਲਤ੍ਰ ਵਿਚੇ ਗਤਿ ਪਾਈ॥੨॥	ਕ-ਲੱਤ੍ਰ	Puthr Kalathr Vichae Gath Paaee ||2||	In the midst of children and spouses, they attain emancipation. ||2||	ਕਿ ਪੁਤ੍ਰ ਇਸਤ੍ਰੀ (ਆਦਿਕ ਪਰਵਾਰ) ਵਿਚ ਹੀ ਰਹਿੰਦਿਆਂ ਉੱਚੀ ਆਤਮਕ ਅਵਸਥਾ ਪ੍ਰਾਪਤ ਹੋ ਜਾਂਦੀ ਹੈ ॥੨॥
28742	661	ਐਸੀ ਸੇਵਕੁ ਸੇਵਾ ਕਰੈ॥		Aisee Saevak Saevaa Karai ||	Such is the service which the Lord's servant performs,	ਸੇਵਕ ਉਹ ਹੈ ਜੋ (ਮਾਲਕ ਦੀ) ਇਹੋ ਜਿਹੀ ਸੇਵਾ ਕਰੇ,
28743	661	ਜਿਸ ਕਾ ਜੀਉ ਤਿਸੁ ਆਗੈ ਧਰੈ॥		Jis Kaa Jeeo This Aagai Dhharai ||	That he dedicates his soul to the Lord, to whom it belongs.	ਕਿ ਜਿਸ ਮਾਲਕ ਦੀ ਦਿੱਤੀ ਹੋਈ ਜਿੰਦ ਹੈ ਉਸੇ ਦੇ ਅੱਗੇ ਇਸ ਨੂੰ ਭੇਟਾ ਦੇ ਦੇਵੇ।
28744	661	ਸਾਹਿਬ ਭਾਵੈ ਸੋ ਪਰਵਾਣੁ॥		Saahib Bhaavai So Paravaan ||	One who is pleasing to the Lord and Master is acceptable.	ਅਜੇਹਾ ਸੇਵਕ ਮਾਲਕ ਨੂੰ ਪਸੰਦ ਆ ਜਾਂਦਾ ਹੈ, (ਮਾਲਕ ਦੇ ਘਰ ਵਿਚ) ਕਬੂਲ ਪੈ ਜਾਂਦਾ ਹੈ।

28745	661	ਸੋ ਸੇਵਕੁ ਦਰਗਹ ਪਾਵੈ ਮਾਣੁ॥੩॥		So Saevak Dharageh Paavai Maan ||3||	Such a servant obtains honor in the Court of the Lord. ||3||	ਉਹ ਸੇਵਕ ਉਸ ਦੀ ਹਜ਼ੂਰੀ ਵਿਚ ਆਦਰ-ਸਤਕਾਰ ਪਾਂਦਾ ਹੈ ॥੩॥
28746	661	ਸਤਿਗੁਰ ਕੀ ਮੂਰਤਿ ਹਿਰਦੈ ਵਸਾਏ॥		Sathigur Kee Moorath Hiradhai Vasaaeae ||	He enshrines the image of the True Guru in his heart.	ਜੇਹੜਾ ਸੇਵਕ ਆਪਣੇ ਸਤਿਗੁਰੂ ਦੇ ਆਤਮਕ-ਸਰੂਪ (ਸ਼ਬਦ) ਨੂੰ ਆਪਣੇ ਹਿਰਦੇ ਵਿਚ ਵਸਾਂਦਾ ਹੈ,
28747	661	ਜੋ ਇਛੈ ਸੋਈ ਫਲੁ ਪਾਏ॥		Jo Eishhai Soee Fal Paaeae ||	He obtains the rewards which he desires.	ਉਹ ਗੁਰੂ ਦੇ ਦਰ ਤੋਂ ਮਨ-ਇੱਛਤ ਫਲ ਹਾਸਲ ਕਰਦਾ ਹੈ।
28748	661	ਸਾਚਾ ਸਾਹਿਬੁ ਕਿਰਪਾ ਕਰੈ॥		Saachaa Saahib Kirapaa Karai ||	The True Lord and Master grants His Grace;	ਸਦਾ-ਥਿਰ ਰਹਿਣ ਵਾਲਾ ਮਾਲਕ-ਪ੍ਰਭੂ ਉਸ ਉਤੇ (ਇਤਨੀ) ਮੇਹਰ ਕਰਦਾ ਹੈ,
28749	661	ਸੋ ਸੇਵਕੁ ਜਮ ਤੇ ਕੈਸਾ ਡਰੈ॥੪॥		So Saevak Jam Thae Kaisaa Ddarai ||4||	How can such a servant be afraid of death? ||4||	ਕਿ ਉਸ ਨੂੰ ਮੌਤ ਦਾ ਭੀ ਕੋਈ ਡਰ ਨਹੀਂ ਰਹਿ ਜਾਂਦਾ ॥੪॥
28750	661	ਭਨਤਿ ਨਾਨਕੁ ਕਰੇ ਵੀਚਾਰੁ॥	(ਭਨਤਿ) ਫ਼ੁਰਮਾਉਂਦੇ	Bhanath Naanak Karae Veechaar ||	Prays Nanak, practice contemplation,	ਨਾਨਕ ਆਖਦਾ ਹੈ-ਜਦੋਂ ਮਨੁੱਖ (ਗੁਰੂ ਦੇ ਸ਼ਬਦ ਦੀ) ਵਿਚਾਰ ਕਰਦਾ ਹੈ,
28751	661	ਸਾਚੀ ਬਾਣੀ ਸਿਉ ਧਰੇ ਪਿਆਰੁ॥		Saachee Baanee Sio Dhharae Piaar ||	And enshrine love for the True Word of His Bani.	ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੀ ਇਸ ਗੁਰ-ਬਾਣੀ ਨਾਲ ਪਿਆਰ ਪਾਂਦਾ ਹੈ,
28752	661	ਤਾ ਕੋ ਪਾਵੈ ਮੋਖ ਦੁਆਰੁ॥		Thaa Ko Paavai Mokh Dhuaar ||	Then, you shall find the Gate of Salvation.	ਤਦੋਂ ਉਹ (ਮਾਇਆ ਦੇ ਮੋਹ ਤੋਂ) ਖ਼ਲਾਸੀ ਦਾ ਦਰਵਾਜ਼ਾ ਲੱਭ ਲੈਂਦਾ ਹੈ।

28753	661	ਜਪੁ ਤਪੁ ਸਭੁ ਇਹੁ ਸਬਦੁ ਹੈ ਸਾਰੁ॥੫॥੨॥੪॥		Jap Thap Sabh Eihu Sabadh Hai Saar ||5||2||4||	This Shabad is the most excellent of all chanting and austere meditations. ||5||2||4||	(ਸਿਫ਼ਤ-ਸਾਲਾਹ ਵਾਲਾ ਇਹ) ਸ੍ਰੇਸ਼ਟ ਗੁਰ-ਸ਼ਬਦ ਹੀ ਅਸਲ ਜਪ ਹੈ ਅਸਲ ਤਪ ਹੈ ॥੫॥੨॥੪॥
28754	661	ਧਨਾਸਰੀ ਮਹਲਾ ੧॥		Dhhanaasaree Mehalaa 1 ||	Dhanaasaree, First Mehl:	
28755	661	ਜੀਉ ਤਪਤੁ ਹੈ ਬਾਰੋ ਬਾਰ॥		Jeeo Thapath Hai Baaro Baar ||	My soul burns, over and over again.	(ਸਿਫ਼ਤ-ਸਾਲਾਹ ਦੀ ਬਾਣੀ ਵਿਸਾਰਿਆਂ) ਜਿੰਦ ਮੁੜ ਮੁੜ ਦੁਖੀ ਹੁੰਦੀ ਹੈ,
28756	661	ਤਪਿ ਤਪਿ ਖਪੈ ਬਹੁਤੁ ਬੇਕਾਰ॥		Thap Thap Khapai Bahuth Baekaar ||	Burning and burning, it is ruined, and it falls into evil.	ਦੁਖੀ ਹੋ ਹੋ ਕੇ (ਫਿਰ ਭੀ) ਹੋਰ ਹੋਰ ਵਿਕਾਰਾਂ ਵਿਚ ਖ਼ੁਆਰ ਹੁੰਦੀ ਹੈ।
28757	661	ਜੈ ਤਨਿ ਬਾਣੀ ਵਿਸਰਿ ਜਾਇ॥		Jai Than Baanee Visar Jaae ||	That body, which forgets the Word of the Guru's Bani	ਜਿਸ ਸਰੀਰ ਵਿਚ (ਭਾਵ, ਜਿਸ ਮਨੁੱਖ ਨੂੰ) ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਭੁੱਲ ਜਾਂਦੀ ਹੈ,
28758	661	ਜਿਉ ਪਕਾ ਰੋਗੀ ਵਿਲਲਾਇ॥੧॥	ਪੱਕਾ	Jio Pakaa Rogee Vilalaae ||1||	Cries out in pain, like a chronic patient. ||1||	ਉਹ ਸਦਾ ਇਉਂ ਵਿਲਕਦਾ ਹੈ ਜਿਵੇਂ ਕੋੜ੍ਹ ਦੇ ਰੋਗ ਵਾਲਾ ਬੰਦਾ ॥੧॥
28759	661	ਬਹੁਤਾ ਬੋਲਣੁ ਝਖਣੁ ਹੋਇ॥	(ਝਖਣੁ) ਬਿਅਰਥ	Bahuthaa Bolan Jhakhan Hoe ||	To speak too much and babble is useless.	(ਸਿਮਰਨ ਤੋਂ ਖ਼ਾਲੀ ਰਹਿਣ ਕਰ ਕੇ ਸਹੇੜੇ ਹੋਏ ਦੁੱਖਾਂ ਬਾਰੇ ਹੀ) ਬਹੁਤੇ ਗਿਲੇ ਕਰੀ ਜਾਣੇ ਵਿਅਰਥ ਬੋਲ-ਬੁਲਾਰਾ ਹੈ,

28760	661	ਵਿਣੁ ਬੋਲੇ ਜਾਣੈ ਸਭੁ ਸੋਇ॥੧॥ਰਹਾਉ॥		Vin Bolae Jaanai Sabh Soe ||1|| Rehaao ||	Even without our speaking, He knows everything. ||1||Pause||	ਕਿਉਂਕਿ ਉਹ ਪਰਮਾਤਮਾ ਸਾਡੇ ਗਿਲੇ ਕਰਨ ਤੋਂ ਬਿਨਾ ਹੀ (ਸਾਡੇ ਰੋਗਾਂ ਦਾ) ਸਾਰਾ ਕਾਰਣ ਜਾਣਦਾ ਹੈ ॥੧॥ ਰਹਾਉ ॥
28761	661	ਜਿਨਿ ਕਨ ਕੀਤੇ ਅਖੀ ਨਾਕੁ॥	ਕੰਨ। ਅੱਖੀਂ	Jin Kan Keethae Akhee Naak ||	He created our ears, eyes and nose.	(ਦੁੱਖਾਂ ਤੋਂ ਬਚਣ ਵਾਸਤੇ ਉਸ ਪ੍ਰਭੂ ਦਾ ਸਿਮਰਨ ਕਰਨਾ ਚਾਹੀਦਾ ਹੈ) ਜਿਸ ਨੇ ਕੰਨ ਦਿੱਤੇ, ਅੱਖਾਂ ਦਿੱਤੀਆਂ, ਨੱਕ ਦਿੱਤਾ;
28762	661	ਜਿਨਿ ਜਿਹਵਾ ਦਿਤੀ ਬੋਲੇ ਤਾਤੁ॥	(ਤਾਤੁ) ਤਤਕਾਲ	Jin Jihavaa Dhithee Bolae Thaath ||	He gave us our tongue to speak so fluently.	ਜਿਸ ਨੇ ਜੀਭ ਦਿੱਤੀ ਜੋ ਛੇਤੀ ਛੇਤੀ ਬੋਲਦੀ ਹੈ;
28763	662	ਜਿਨਿ ਮਨੁ ਰਾਖਿਆ ਅਗਨੀ ਪਾਇ॥	(ਮਨੁ) ਜੀਵ	Jin Man Raakhiaa Aganee Paae ||	He preserved the mind in the fire of the womb;	ਜਿਸ ਨੇ ਸਾਡੇ ਸਰੀਰ ਵਿਚ ਨਿੱਘ ਪਾ ਕੇ ਜਿੰਦ (ਸਰੀਰ ਵਿਚ) ਟਿਕਾ ਦਿੱਤੀ;
28764	662	ਵਾਜੈ ਪਵਣੁ ਆਖੈ ਸਭ ਜਾਇ॥੨॥		Vaajai Pavan Aakhai Sabh Jaae ||2||	At His Command, the wind blows everywhere. ||2||	(ਜਿਸ ਦੀ ਕਲਾ ਨਾਲ ਸਰੀਰ ਵਿਚ) ਸੁਆਸ ਚੱਲਦਾ ਹੈ ਤੇ ਮਨੁੱਖ ਹਰ ਥਾਂ (ਤੁਰ ਫਿਰ ਕੇ) ਬੋਲ ਚਾਲ ਕਰ ਸਕਦਾ ਹੈ ॥੨॥
28765	662	ਜੇਤਾ ਮੋਹੁ ਪਰੀਤਿ ਸੁਆਦ॥		Jaethaa Mohu Pareeth Suaadh ||	These worldly attachments, loves and pleasurable tastes,	ਜਿਤਨਾ ਭੀ ਮਾਇਆ ਦਾ ਮੋਹ ਹੈ ਦੁਨੀਆ ਦੀ ਪ੍ਰੀਤ ਹੈ ਰਸਾਂ ਦੇ ਸੁਆਦ ਹਨ,

28766	662	ਸਭਾ ਕਾਲਖ ਦਾਗਾ ਦਾਗ॥	ਸੱਭਾ	Sabhaa Kaalakh Dhaagaa Dhaag ||	All are just black stains.	ਇਹ ਸਾਰੇ ਮਨ ਵਿਚ ਵਿਕਾਰਾਂ ਦੀ ਕਾਲਖ ਹੀ ਪੈਦਾ ਕਰਦੇ ਹਨ, ਵਿਕਾਰਾਂ ਦੇ ਦਾਗ਼ ਹੀ ਲਾਂਦੇ ਜਾਂਦੇ ਹਨ।
28767	662	ਦਾਗ ਦੋਸ ਮੁਹਿ ਚਲਿਆ ਲਾਇ॥		Dhaag Dhos Muhi Chaliaa Laae ||	One who departs, with these black stains of sin on his face	(ਸਿਮਰਨ ਤੋਂ ਸੁੰਞਾ ਰਹਿ ਕੇ ਵਿਕਾਰਾਂ ਵਿਚ ਫਸ ਕੇ) ਮਨੁੱਖ ਵਿਕਾਰਾਂ ਦੇ ਦਾਗ਼ ਆਪਣੇ ਮੱਥੇ ਤੇ ਲਾ ਕੇ (ਇਥੋਂ) ਚੱਲ ਪੈਂਦਾ ਹੈ,
28768	662	ਦਰਗਹ ਬੈਸਣ ਨਾਹੀ ਜਾਇ॥੩॥		Dharageh Baisan Naahee Jaae ||3||	Shall find no place to sit in the Court of the Lord. ||3||	ਤੇ ਪਰਮਾਤਮਾ ਦੀ ਹਜ਼ੂਰੀ ਵਿਚ ਇਸ ਨੂੰ ਬੈਠਣ ਲਈ ਥਾਂ ਨਹੀਂ ਮਿਲਦੀ ॥੩॥
28769	662	ਕਰਮਿ ਮਿਲੈ ਆਖਣੁ ਤੇਰਾ ਨਾਉ॥		Karam Milai Aakhan Thaeraa Naao ||	By Your Grace, we chant Your Name.	(ਪਰ, ਹੇ ਪ੍ਰਭੂ! ਜੀਵ ਦੇ ਭੀ ਕੀਹ ਵੱਸ?) ਤੇਰਾ ਨਾਮ ਸਿਮਰਨ (ਦਾ ਗੁਣ) ਤੇਰੀ ਮੇਹਰ ਨਾਲ ਹੀ ਮਿਲ ਸਕਦਾ ਹੈ,
28770	662	ਜਿਤੁ ਲਗਿ ਤਰਣਾ ਹੋਰੁ ਨਹੀ ਥਾਉ॥		Jith Lag Tharanaa Hor Nehee Thhaao ||	Becoming attached to it, one is saved; there is no other way.	ਤੇਰੇ ਨਾਮ ਵਿਚ ਹੀ ਲੱਗ ਕੇ (ਮੋਹ ਤੇ ਵਿਕਾਰਾਂ ਦੇ ਸਮੁੰਦਰ ਵਿਚੋਂ) ਪਾਰ ਲੰਘ ਸਕੀਦਾ ਹੈ, (ਇਹਨਾਂ ਤੋਂ ਬਚਣ ਲਈ) ਹੋਰ ਕੋਈ ਥਾਂ ਨਹੀਂ ਹੈ।
28771	662	ਜੇ ਕੋ ਡੂਬੈ ਫਿਰਿ ਹੋਵੈ ਸਾਰ॥	(ਸਾਰ) ਸੰਭਾਲ	Jae Ko Ddoobai Fir Hovai Saar ||	Even if one is drowning, still, he may be saved.	(ਨਿਰਾਸਤਾ ਦੀ ਲੋੜ ਨਹੀਂ) ਜੇ ਕੋਈ ਮਨੁੱਖ (ਪ੍ਰਭੂ ਨੂੰ ਭੁਲਾ ਕੇ ਵਿਕਾਰਾਂ ਵਿਚ) ਡੁੱਬਦਾ ਭੀ ਹੈ (ਉਹ ਪ੍ਰਭੂ ਇਤਨਾ ਦਿਆਲ ਹੈ ਕਿ) ਫਿਰ ਭੀ ਉਸ ਦੀ ਸੰਭਾਲ ਹੁੰਦੀ ਹੈ।

28772	662	ਨਾਨਕ ਸਾਚਾ ਸਰਬ ਦਾਤਾਰ॥੪॥੩॥੫॥		Naanak Saachaa Sarab Dhaathaar ||4||3||5||	O Nanak, the True Lord is the Giver of all. ||4||3||5||	ਹੇ ਨਾਨਕ! ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ (ਕਿਸੇ ਨੂੰ ਵਿਰਵਾ ਨਹੀਂ ਰੱਖਦਾ) ॥੪॥੩॥੫॥
28773	662	ਧਨਾਸਰੀ ਮਹਲਾ ੧॥		Dhhanaasaree Mehalaa 1 ||	Dhanaasaree, First Mehl:	
28774	662	ਚੋਰੁ ਸਲਾਹੇ ਚੀਤੁ ਨ ਭੀਜੈ॥		Chor Salaahae Cheeth N Bheejai ||	If a thief praises someone, his mind is not pleased.	ਜੇ ਕੋਈ ਚੋਰ (ਉਸ ਹਾਕਮ ਦੀ ਜਿਸ ਦੇ ਸਾਹਮਣੇ ਉਸ ਦਾ ਮੁਕੱਦਮਾ ਪੇਸ਼ ਹੈ) ਖ਼ੁਸ਼ਾਮਦ ਕਰੇ ਤਾਂ ਉਸ ਨੂੰ (ਇਹ) ਯਕੀਨ ਨਹੀਂ ਬਣ ਸਕਦਾ (ਕਿ ਇਹ ਸੱਚਾ ਹੈ),
28775	662	ਜੇ ਬਦੀ ਕਰੇ ਤਾ ਤਸੂ ਨ ਛੀਜੈ॥		Jae Badhee Karae Thaa Thasoo N Shheejai ||	If a thief curses him, no damage is done.	ਜੇ ਉਹ ਚੋਰ (ਹਾਕਮ ਦੀ) ਬਦ-ਖ਼ੇਈ ਕਰੇ ਤਾਂ ਭੀ ਉਹ ਰਤਾ ਭਰ ਨਹੀਂ ਘਾਬਰਦਾ।
28776	662	ਚੋਰ ਕੀ ਹਾਮਾ ਭਰੇ ਨ ਕੋਇ॥		Chor Kee Haamaa Bharae N Koe ||	No one will take responsibility for a thief.	ਕੋਈ ਭੀ ਮਨੁੱਖ ਕਿਸੇ ਚੋਰ ਦੇ ਚੰਗੇ ਹੋਣ ਦੀ ਗਵਾਹੀ ਨਹੀਂ ਦੇ ਸਕਦਾ।
28777	662	ਚੋਰੁ ਕੀਆ ਚੰਗਾ ਕਿਉ ਹੋਇ॥੧॥		Chor Keeaa Changaa Kio Hoe ||1||	How can a thief's actions be good? ||1||	ਜੇਹੜਾ ਮਨੁੱਖ (ਲੋਕਾਂ ਦੀਆਂ ਨਜ਼ਰਾਂ ਵਿਚ) ਚੋਰ ਮੰਨਿਆ ਗਿਆ, ਉਹ (ਖ਼ੁਸ਼ਾਮਦਾਂ ਜਾਂ ਬਦ-ਖ਼ੇਈਆਂ ਨਾਲ ਹੋਰਨਾਂ ਦੇ ਸਾਹਮਣੇ) ਚੰਗਾ ਨਹੀਂ ਬਣ ਸਕਦਾ ॥੧॥

28778	662	ਸੁਣਿ ਮਨ ਅੰਧੇ ਕੁਤੇ ਕੂੜਿਆਰ॥		Sun Man Andhhae Kuthae Koorriaar ||	Listen, O mind, you blind, false dog!	ਹੇ ਅੰਨ੍ਹੇ ਲਾਲਚੀ ਤੇ ਝੂਠੇ ਮਨ! (ਧਿਆਨ ਨਾਲ) ਸੁਣ।
28779	662	ਬਿਨੁ ਬੋਲੇ ਬੂਝੀਐ ਸਚਿਆਰ॥੧॥ਰਹਾਉ॥	ਬੂੱਝੀਐ	Bin Bolae Boojheeai Sachiaar ||1|| Rehaao ||	Even without your speaking, the Lord knows and understands. ||1||Pause||	ਸੱਚਾ ਮਨੁੱਖ ਬਿਨਾ ਬੋਲਿਆਂ ਹੀ ਪਛਾਣਿਆ ਜਾਂਦਾ ਹੈ ॥੧॥ ਰਹਾਉ ॥
28780	662	ਚੋਰੁ ਸੁਆਲਿਉ ਚੋਰੁ ਸਿਆਣਾ॥	(ਸੁਆਲਿਉ) ਸੁੰਦਰ	Chor Suaalio Chor Siaanaa ||	A thief may be handsome, and a thief may be wise,	ਚੋਰ ਪਿਆ ਸੋਹਣਾ ਬਣੇ ਚਤੁਰ ਬਣੇ,
28781	662	ਖੋਟੇ ਕਾ ਮੁਲੁ ਏਕੁ ਦੁਗਾਣਾ॥	(ਦੁਗਾਣਾ) ਇੱਕ ਦਮੜੀ	Khottae Kaa Mul Eaek Dhugaanaa ||	But he is still just a counterfeit coin, worth only a shell.	(ਪਰ ਆਖ਼ਰ ਉਹ ਚੋਰ ਹੀ ਹੈ ਉਸ ਦੀ ਕਦਰ ਕੀਮਤ ਨਹੀਂ ਪੈਂਦੀ, ਜਿਵੇਂ) ਖੋਟੇ ਰੁਪਏ ਦਾ ਮੁੱਲ ਦੋ ਗੰਢੇ ਕੌਡਾਂ ਹੀ ਹੈ।
28782	662	ਜੇ ਸਾਥਿ ਰਖੀਐ ਦੀਜੈ ਰਲਾਇ॥		Jae Saathh Rakheeai Dheejai Ralaae ||	If it is kept and mixed with other coins,	ਜੇ ਖੋਟੇ ਰੁਪਏ ਨੂੰ (ਖਰਿਆਂ ਵਿਚ) ਰੱਖ ਦੇਈਏ, (ਖਰਿਆਂ ਵਿਚ) ਰਲਾ ਦੇਈਏ,
28783	662	ਜਾ ਪਰਖੀਐ ਖੋਟਾ ਹੋਇ ਜਾਇ॥੨॥		Jaa Parakheeai Khottaa Hoe Jaae ||2||	It will be found to be false, when the coins are inspected. ||2||	ਤਾਂ ਭੀ ਜਦੋਂ ਉਸ ਦੀ ਪਰਖ ਹੁੰਦੀ ਹੈ ਤਦੋਂ ਉਹ ਖੋਟਾ ਹੀ ਕਿਹਾ ਜਾਂਦਾ ਹੈ ॥੨॥
28784	662	ਜੈਸਾ ਕਰੇ ਸੁ ਤੈਸਾ ਪਾਵੈ॥		Jaisaa Karae S Thaisaa Paavai ||	As one acts, so does he receive.	ਮਨੁੱਖ ਜੈਸਾ ਕੰਮ ਕਰਦਾ ਹੈ ਵੈਸਾ ਹੀ ਉਸ ਦਾ ਫਲ ਪਾਂਦਾ ਹੈ।
28785	662	ਆਪਿ ਬੀਜਿ ਆਪੇ ਹੀ ਖਾਵੈ॥		Aap Beej Aapae Hee Khaavai ||	As he plants, so does he eat.	ਹਰ ਕੋਈ ਆਪ (ਕਰਮਾਂ ਦੇ ਬੀਜ) ਬੀਜ ਕੇ ਆਪ ਹੀ ਫਲ ਖਾਂਦਾ ਹੈ।

28786	662	ਜੇ ਵਡਿਆਈਆ ਆਪੇ ਖਾਇ॥		Jae Vaddiaaeeaa Aapae Khaae ||	He may praise himself gloriously,	ਜੇ ਕੋਈ ਮਨੁੱਖ (ਹੋਵੇ ਤਾਂ ਖੋਟਾ, ਪਰ) ਆਪਣੀਆਂ ਵਡਿਆਈਆਂ ਦੀਆਂ ਕਸਮਾਂ ਚੁੱਕੀ ਜਾਏ,
28787	662	ਜੇਹੀ ਸੁਰਤਿ ਤੇਹੈ ਰਾਹਿ ਜਾਇ॥੩॥		Jaehee Surath Thaehai Raahi Jaae ||3||	But still, according to his understanding, so is the path he must follow. ||3||	(ਉਸ ਦਾ ਇਤਬਾਰ ਨਹੀਂ ਬਣ ਸਕਦਾ, ਕਿਉਂਕਿ) ਮਨੁੱਖ ਦੀ ਜਿਹੋ ਜਿਹੀ ਮਨੋ-ਵਾਸਨਾ ਹੈ ਉਹੋ ਜਿਹੇ ਰਸਤੇ ਉਤੇ ਹੀ ਉਹ ਤੁਰਦਾ ਹੈ ॥੩॥
28788	662	ਜੇ ਸਉ ਕੂੜੀਆ ਕੂੜੁ ਕਬਾੜੁ॥		Jae So Koorreeaa Koorr Kabaarr ||	He may tell hundreds of lies to conceal his falsehood,	(ਆਪਣਾ ਇਤਬਾਰ ਜਮਾਣ ਲਈ ਚਲਾਕ ਬਣ ਕੇ) ਝੂਠੀਆਂ ਗੱਪਾਂ ਅਤੇ ਝੂਠ ਕਬਾੜ ਦੀਆਂ ਗੱਲਾਂ-
28789	662	ਭਾਵੈ ਸਭੁ ਆਖਉ ਸੰਸਾਰੁ॥		Bhaavai Sabh Aakho Sansaar ||	And all the world may call him good.	ਭਾਵੇਂ ਸਾਰੇ ਸੰਸਾਰ ਨੂੰ ਆਖੀਆਂ ਜਾਣ (ਪਰ, ਹੇ ਪ੍ਰਭੂ! ਕੋਈ ਮਨੁੱਖ ਤੈਨੂੰ ਧੋਖਾ ਨਹੀਂ ਦੇ ਸਕਦਾ)।
28790	662	ਤੁਧੁ ਭਾਵੈ ਅਧੀ ਪਰਵਾਣੁ॥	(ਅਧੀ) ਨੀਚ ਚੋਰ ਯਾਰ ਜੀਆਂ ਨੂੰ ਮਾਰਨ ਵਾਲਾ ਨੀਚ ਕਰਮ ਛੱਡਕੇ ਹੁਕਮ ਮੰਨੇ ਤਾਂ ਦਰ ਪਰਵਾਨ ਹੁੰਦਾ ਹੈ	Thudhh Bhaavai Adhhee Paravaan ||	If it pleases You, Lord, even the foolish are approved.	(ਹੇ ਪ੍ਰਭੂ! ਜੇ ਦਿਲ ਦਾ ਖਰਾ ਹੋਵੇ ਤਾਂ) ਇਕ ਸਿੱਧੜ ਮਨੁੱਖ ਭੀ ਤੈਨੂੰ ਪਸੰਦ ਆ ਜਾਂਦਾ ਹੈ, ਤੇਰੇ ਦਰ ਤੇ ਕਬੂਲ ਹੋ ਜਾਂਦਾ ਹੈ।
28791	662	ਨਾਨਕ ਜਾਣੈ ਜਾਣੁ ਸੁਜਾਣੁ॥੪॥੪॥੬॥		Naanak Jaanai Jaan Sujaan ||4||4||6||	O Nanak, the Lord is wise, knowing, all-knowing. ||4||4||6||	ਹੇ ਨਾਨਕ! ਘਟ ਘਟ ਦੀ ਜਾਣਨ ਵਾਲਾ ਸੁਜਾਨ ਪ੍ਰਭੂ (ਸਭ ਕੁਝ) ਜਾਣਦਾ ਹੈ ॥੪॥੪॥੬॥

28792	662	ਧਨਾਸਰੀ ਮਹਲਾ ੧॥		Dhhanaasaree Mehalaa 1 ||	Dhanaasaree, First Mehl:	
28793	662	ਕਾਇਆ ਕਾਗਦੁ ਮਨੁ ਪਰਵਾਣਾ॥		Kaaeiaa Kaagadh Man Paravaanaa ||	The body is the paper, and the mind is the inscription written upon it.	ਇਹ ਮਨੁੱਖਾ ਸਰੀਰ (ਮਾਨੋ) ਇਕ ਕਾਗ਼ਜ਼ ਹੈ, ਅਤੇ ਮਨੁੱਖ ਦਾ ਮਨ (ਸਰੀਰ-ਕਾਗ਼ਜ਼ ਉਤੇ ਲਿਖਿਆ ਹੋਇਆ) ਦਰਗਾਹੀ ਪਰਵਾਨਾ ਹੈ।
28794	662	ਸਿਰ ਕੇ ਲੇਖ ਨ ਪੜੈ ਇਆਣਾ॥	ਪੜੈ	Sir Kae Laekh N Parrai Eiaanaa ||	The ignorant fool does not read what is written on his forehead.	ਪਰ ਮੂਰਖ ਮਨੁੱਖ ਆਪਣੇ ਮੱਥੇ ਦੇ ਇਹ ਲੇਖ ਨਹੀਂ ਪੜ੍ਹਦਾ (ਭਾਵ, ਇਹ ਸਮਝਣ ਦਾ ਜਤਨ ਨਹੀਂ ਕਰਦਾ ਕਿ ਉਸ ਦੇ ਪਿਛਲੇ ਕੀਤੇ ਕਰਮਾਂ ਅਨੁਸਾਰ ਕਿਹੋ ਜਿਹੇ ਸੰਸਕਾਰ-ਲੇਖ ਉਸ ਦੇ ਮਨ ਵਿਚ ਮੌਜੂਦ ਹਨ ਜੋ ਉਸ ਨੂੰ ਹੁਣ ਹੋਰ ਪ੍ਰੇਰਨਾ ਕਰ ਰਹੇ ਹਨ)।
28795	662	ਦਰਗਹ ਘੜੀਅਹਿ ਤੀਨੇ ਲੇਖ॥		Dharageh Gharreeahi Theenae Laekh ||	In the Court of the Lord, three inscriptions are recorded.	ਮਾਇਆ ਦੇ ਤਿੰਨ ਗੁਣਾਂ ਦੇ ਅਸਰ ਹੇਠ ਰਹਿ ਕੇ ਕੀਤੇ ਹੋਏ ਕੰਮਾਂ ਦੇ ਸੰਸਕਾਰ ਰੱਬੀ ਨਿਯਮ ਅਨੁਸਾਰ ਹਰੇਕ ਮਨੁੱਖ ਦੇ ਮਨ ਵਿਚ ਉੱਕਰੇ ਜਾਂਦੇ ਹਨ।

28796	662	ਖੋਟਾ ਕਾਂਮਿ ਨ ਆਵੈ ਵੇਖੁ॥੧॥		Khottaa Kaam N Aavai Vaekh ||1||	Behold, the counterfeit coin is worthless there. ||1||	ਪਰ ਹੇ ਭਾਈ! ਵੇਖ (ਜਿਵੇਂ ਕੋਈ ਖੋਟਾ ਸਿੱਕਾ ਕੰਮ ਨਹੀਂ ਆਉਂਦਾ, ਤਿਵੇਂ ਖੋਟੇ ਕੀਤੇ ਕੰਮਾਂ ਦਾ) ਖੋਟਾ ਸੰਸਕਾਰ-ਲੇਖ ਭੀ ਕੰਮ ਨਹੀਂ ਆਉਂਦਾ ॥੧॥
28797	662	ਨਾਨਕ ਜੇ ਵਿਚਿ ਰੁਪਾ ਹੋਇ॥		Naanak Jae Vich Rupaa Hoe ||	O Nanak, if there is silver in it,	ਹੇ ਨਾਨਕ! ਜੇ ਰੁਪਏ ਆਦਿਕ ਸਿੱਕੇ ਵਿਚ ਚਾਂਦੀ ਹੋਵੇ,
28798	662	ਖਰਾ ਖਰਾ ਆਖੈ ਸਭੁ ਕੋਇ॥੧॥ਰਹਾਉ॥		Kharaa Kharaa Aakhai Sabh Koe ||1|| Rehaao ||	Then everyone proclaims, ""It is genuine, it is genuine.""||1||Pause||	ਤਾਂ ਹਰ ਕੋਈ ਉਸ ਨੂੰ ਖਰਾ ਸਿੱਕਾ ਆਖਦਾ ਹੈ (ਇਸੇ ਤਰ੍ਹਾਂ ਜਿਸ ਮਨ ਵਿਚ ਪਵਿਤ੍ਰਤਾ ਹੋਵੇ, ਉਸ ਨੂੰ ਖਰਾ ਆਖਿਆ ਜਾਂਦਾ ਹੈ) ॥੧॥ ਰਹਾਉ ॥
28799	662	ਕਾਦੀ ਕੂੜੁ ਬੋਲਿ ਮਲੁ ਖਾਇ॥	ਕਾਦੀ।ਮਲ:ਪੋਲੇ ਬੋਲੋ	Kaadhee Koorr Bol Mal Khaae ||	The Qazi tells lies and eats filth;	ਕਾਜ਼ੀ (ਜੇ ਇਕ ਪਾਸੇ ਤਾਂ ਇਸਲਾਮੀ ਧਰਮ ਦਾ ਨੇਤਾ ਹੈ ਤੇ ਦੂਜੇ ਪਾਸੇ ਹਾਕਮ ਭੀ ਹੈ, ਰਿਸ਼ਵਤ ਦੀ ਖ਼ਾਤਰ ਸ਼ਰਈ ਕਾਨੂੰਨ ਬਾਰੇ) ਝੂਠ ਬੋਲ ਕੇ ਹਰਾਮ ਦਾ ਮਾਲ (ਰਿਸ਼ਵਤ) ਖਾਂਦਾ ਹੈ।
28800	662	ਬ੍ਰਾਹਮਣੁ ਨਾਵੈ ਜੀਆ ਘਾਇ॥	ਨ੍ਹਾਵੈ	Braahaman Naavai Jeeaa Ghaae ||	The Brahmin kills and then takes cleansing baths.	ਬ੍ਰਾਹਮਣਾਂ (ਕ੍ਰੋੜਾਂ ਸ਼ੂਦਰ-ਅਖਵਾਂਦੇ) ਬੰਦਿਆਂ ਨੂੰ ਦੁਖੀ ਕਰ ਕਰ ਕੇ ਤੀਰਥ-ਇਸ਼ਨਾਨ (ਭੀ) ਕਰਦਾ ਹੈ।
28801	662	ਜੋਗੀ ਜੁਗਤਿ ਨ ਜਾਣੈ ਅੰਧੁ॥		Jogee Jugath N Jaanai Andhh ||	The Yogi is blind, and does not know the Way.	ਜੋਗੀ ਭੀ ਅੰਨ੍ਹਾ ਹੈ ਤੇ ਜੀਵਨ ਦੀ ਜਾਚ ਨਹੀਂ ਜਾਣਦਾ।

28802	662	ਤੀਨੇ ਓਜਾੜੇ ਕਾ ਬੰਧੁ॥੨॥		Theenae Oujaarrae Kaa Bandhh ||2||	The three of them devise their own destruction. ||2||	(ਇਹ ਤਿੰਨੇ ਆਪਣੇ ਵਲੋਂ ਧਰਮ-ਨੇਤਾ ਹਨ, ਪਰ) ਇਹਨਾਂ ਤਿੰਨਾਂ ਦੇ ਹੀ ਅੰਦਰ ਆਤਮਕ ਜੀਵਨ ਵਲੋਂ ਸੁੰਞ ਹੀ ਸੁੰਞ ਹੈ ॥੨॥
28803	662	ਸੋ ਜੋਗੀ ਜੋ ਜੁਗਤਿ ਪਛਾਣੈ॥		So Jogee Jo Jugath Pashhaanai ||	He alone is a Yogi, who understands the Way.	ਅਸਲ ਜੋਗੀ ਉਹ ਹੈ ਜੋ ਜੀਵਨ ਦੀ ਸਹੀ ਜਾਚ ਸਮਝਦਾ ਹੈ,
28804	662	ਗੁਰ ਪਰਸਾਦੀ ਏਕੋ ਜਾਣੈ॥		Gur Parasaadhee Eaeko Jaanai ||	By Guru's Grace, he knows the One Lord.	ਤੇ ਗੁਰੂ ਦੀ ਕਿਰਪਾ ਨਾਲ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ।
28805	662	ਕਾਜੀ ਸੋ ਜੋ ਉਲਟੀ ਕਰੈ॥		Kaajee So Jo Oulattee Karai ||	He alone is a Qazi, who turns away from the world,	ਕਾਜ਼ੀ ਉਹ ਹੈ ਜੋ ਸੁਰਤਿ ਨੂੰ ਹਰਾਮ ਦੇ ਮਾਲ ਵਲੋਂ ਮੋੜਦਾ ਹੈ,
28806	662	ਗੁਰ ਪਰਸਾਦੀ ਜੀਵਤੁ ਮਰੈ॥		Gur Parasaadhee Jeevath Marai ||	And who, by Guru's Grace, remains dead while yet alive.	ਜੋ ਗੁਰੂ ਦੀ ਕਿਰਪਾ ਨਾਲ ਦੁਨੀਆ ਵਿਚ ਰਹਿੰਦਾ ਹੋਇਆ ਦੁਨਿਆਵੀ ਖ਼ਾਹਸ਼ਾਂ ਵਲੋਂ ਪਰਤਦਾ ਹੈ।
28807	662	ਸੋ ਬ੍ਰਾਹਮਣੁ ਜੋ ਬ੍ਰਹਮੁ ਬੀਚਾਰੈ॥		So Braahaman Jo Breham Beechaarai ||	He alone is a Brahmin, who contemplates God.	ਬ੍ਰਾਹਮਣ ਉਹ ਹੈ ਜੋ ਸਰਬ-ਵਿਆਪਕ ਪ੍ਰਭੂ ਵਿਚ ਸੁਰਤਿ ਜੋੜਦਾ ਹੈ,
28808	662	ਆਪਿ ਤਰੈ ਸਗਲੇ ਕੁਲ ਤਾਰੈ॥੩॥		Aap Tharai Sagalae Kul Thaarai ||3||	He saves himself, and saves all his generations as well. ||3||	ਇਸ ਤਰ੍ਹਾਂ ਆਪ ਭੀ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘਦਾ ਹੈ ਤੇ ਆਪਣੀਆਂ ਸਾਰੀਆਂ ਕੁਲਾਂ ਨੂੰ ਭੀ ਲੰਘਾ ਲੈਂਦਾ ਹੈ ॥੩॥

28809	662	ਦਾਨਸਬੰਦੁ ਸੋਈ ਦਿਲਿ ਧੋਵੈ॥	(ਦਾਨਸ-ਬੰਦੁ)ਅਕਲਮੰਦ	Dhaanasabandh Soee Dhil Dhhovai ||	One who cleanses his own mind is wise.	ਉਹੀ ਮਨੁੱਖ ਅਕਲਮੰਦ ਹੈ ਜੋ ਆਪਣੇ ਦਿਲ ਵਿਚ ਟਿਕੀ ਹੋਈ ਬੁਰਾਈ ਨੂੰ ਦੂਰ ਕਰਦਾ ਹੈ।
28810	662	ਮੁਸਲਮਾਣੁ ਸੋਈ ਮਲੁ ਖੋਵੈ॥		Musalamaan Soee Mal Khovai ||	One who cleanses himself of impurity is a Muslim.	ਉਹੀ ਮੁਸਲਮਾਨ ਹੈ ਜੋ ਮਨ ਵਿਚੋਂ ਵਿਕਾਰਾਂ ਦੀ ਮੈਲ ਦੀ ਨਾਸ ਕਰਦਾ ਹੈ।
28811	662	ਪੜਿਆ ਬੂਝੈ ਸੋ ਪਰਵਾਣੁ॥		Parriaa Boojhai So Paravaan ||	One who reads and understands is acceptable.	ਉਹੀ ਵਿਦਵਾਨ ਹੈ ਜੋ ਜੀਵਨ ਦਾ ਸਹੀ ਰਸਤਾ ਸਮਝਦਾ ਹੈ, ਉਹੀ ਪ੍ਰਭੂ ਦੀ ਹਜ਼ੂਰੀ ਵਿਚ ਕਬੂਲ ਹੁੰਦਾ ਹੈ,
28812	662	ਜਿਸੁ ਸਿਰਿ ਦਰਗਹ ਕਾ ਨੀਸਾਣੁ॥੪॥੫॥੭॥		Jis Sir Dharageh Kaa Neesaan ||4||5||7||	Upon his forehead is the Insignia of the Court of the Lord. ||4||5||7||	ਜਿਸ ਦੇ ਮੱਥੇ ਉਤੇ ਦਰਗਾਹ ਦਾ ਟਿੱਕਾ ਲੱਗਦਾ ਹੈ ॥੪॥੫॥੭॥
28813	662	ਧਨਾਸਰੀ ਮਹਲਾ ੧ ਘਰੁ ੩		Dhhanaasaree Mehalaa 1 Ghar 3	Dhanaasaree, First Mehl, Third House:	ਰਾਗ ਧਨਾਸਰੀ, ਘਰ ੩ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
28814	662	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

28815	662	ਕਾਲੁ ਨਾਹੀ ਜੋਗੁ ਨਾਹੀ ਨਾਹੀ ਸਤ ਕਾ ਢਬੁ॥	(ਢੱਬੁ) ਢੰਗ। ਸੱਤ	Kaal Naahee Jog Naahee Naahee Sath Kaa Dtab ||	No, no, this is not the time, when people know the way to Yoga and Truth.	ਇਹ (ਮਨੁੱਖਾ ਜਨਮ ਦਾ) ਸਮਾ (ਅੱਖਾਂ ਮੀਟਣ ਤੇ ਨੱਕ ਫੜਨ ਵਾਸਤੇ) ਨਹੀਂ ਹੈ, (ਇਹਨਾਂ ਢਬਾਂ ਨਾਲ) ਪਰਮਾਤਮਾ ਦਾ ਮੇਲ ਨਹੀਂ ਹੁੰਦਾ, ਨਾਹ ਹੀ ਉੱਚੇ ਆਚਰਨ ਦਾ ਤਰੀਕਾ ਹੈ।
28816	662	ਥਾਨਸਟ ਜਗ ਭਰਿਸਟ ਹੋਏ ਡੂਬਤਾ ਇਵ ਜਗੁ॥੧॥	(ਥਾਨੱਸਟ) ਪੂਜਾ ਸਥਾਨ। ਭ-ਰਿਸਟ	Thhaanasatt Jag Bharisatt Hoeae Ddoobathaa Eiv Jag ||1||	The holy places of worship in the world are polluted, and so the world is drowning. ||1||	(ਇਹਨਾਂ ਤਰੀਕਿਆਂ ਦੀ ਰਾਹੀਂ) ਜਗਤ ਦੇ (ਅਨੇਕਾਂ) ਪਵਿਤ੍ਰ ਹਿਰਦੇ (ਭੀ) ਗੰਦੇ ਹੋ ਜਾਂਦੇ ਹਨ, ਇਸ ਤਰ੍ਹਾਂ ਜਗਤ (ਵਿਕਾਰਾਂ ਵਿਚ) ਡੁੱਬਣ ਲੱਗ ਪੈਂਦਾ ਹੈ ॥੧॥
28817	662	ਕਲ ਮਹਿ ਰਾਮ ਨਾਮੁ ਸਾਰੁ॥		Kal Mehi Raam Naam Saar ||	In this Dark Age of Kali Yuga, the Lord's Name is the most sublime.	ਜਗਤ ਵਿਚ ਪਰਮਾਤਮਾ ਦਾ ਨਾਮ (ਸਿਮਰਨਾ ਹੋਰ ਸਾਰੇ ਕੰਮਾਂ ਨਾਲੋਂ) ਸ੍ਰੇਸ਼ਟ ਹੈ।
28818	662	ਅਖੀ ਤ ਮੀਟਹਿ ਨਾਕ ਪਕੜਹਿ ਠਗਣ ਕਉ ਸੰਸਾਰੁ॥੧॥ਰਹਾਉ॥	ਅੱਖੀਂ	Akhee Th Meettehi Naak Pakarrehi Thagan Ko Sansaar ||1|| Rehaao ||	Some people try to deceive the world by closing their eyes and holding their nostrils closed. ||1||Pause||	(ਜੇਹੜੇ ਇਹ ਲੋਕ) ਅੱਖਾਂ ਤਾਂ ਮੀਟਦੇ ਹਨ, ਨੱਕ ਭੀ ਫੜਦੇ ਹਨ (ਇਹ) ਜਗਤ ਨੂੰ ਠੱਗਣ ਵਾਸਤੇ (ਕਰਦੇ ਹਨ, ਇਹ ਭਗਤੀ ਨਹੀਂ, ਇਹ ਸ੍ਰੇਸ਼ਟ ਧਾਰਮਿਕ ਕੰਮ ਨਹੀਂ) ॥੧॥ ਰਹਾਉ ॥

28819	662	ਆਂਟ ਸੇਤੀ ਨਾਕੁ ਪਕੜਹਿ ਸੂਝਤੇ ਤਿਨਿ ਲੋਅ॥	(ਆਂਟ) ਚੁਟਕੀ	Aaantt Saethee Naak Pakarrehi Soojhathae Thin Loa ||	They close off their nostrils with their fingers, and claim to see the three worlds.	ਹੱਥ ਦੇ ਅੰਗੂਠੇ ਤੇ ਨਾਲ ਦੀਆਂ ਦੋ ਉਂਗਲਾਂ ਨਾਲ ਇਹ (ਆਪਣਾ) ਨੱਕ ਫੜਦੇ ਹਨ (ਸਮਾਧੀ ਦੀ ਸ਼ਕਲ ਵਿਚ ਬੈਠ ਕੇ ਮੂੰਹੋਂ ਆਖਦੇ ਹਨ ਕਿ) ਤਿੰਨੇ ਹੀ ਲੋਕ ਦਿੱਸ ਰਹੇ ਹਨ,
28820	663	ਮਗਰ ਪਾਛੈ ਕਛੁ ਨ ਸੂਝੈ ਏਹੁ ਪਦਮੁ ਅਲੋਅ॥੨॥	ਮਗਰ:ਪੋਲਾ ਬੋਲੋ	Magar Paashhai Kashh N Soojhai Eaehu Padham Aloa ||2||	But they cannot even see what is behind them. What a strange lotus pose this is! ||2||	ਪਰ ਆਪਣੀ ਹੀ ਪਿੱਠ ਪਿਛੇ ਪਈ ਕੋਈ ਚੀਜ਼ ਨਹੀਂ ਦਿੱਸਦੀ। ਇਹ ਅਸਚਰਜ ਪਦਮ ਆਸਨ ਹੈ ॥੨॥
28821	663	ਖਤ੍ਰੀਆ ਤ ਧਰਮੁ ਛੋਡਿਆ ਮਲੇਛ ਭਾਖਿਆ ਗਹੀ॥	(ਮਲੇਛ) ਮੁਸਲਮਾਨ। (ਭਾਖਿਆ) ਬੋਲੀ	Khathreeaa Th Dhharam Shhoddiaa Malaeshh Bhaakhiaa Gehee ||	The K'shatriyas have abandoned their religion, and have adopted a foreign language.	(ਆਪਣੇ ਆਪ ਨੂੰ ਹਿੰਦੂ ਧਰਮ ਦੇ ਰਾਖੇ ਸਮਝਣ ਵਾਲੇ) ਖਤ੍ਰੀਆਂ ਨੇ (ਆਪਣਾ ਇਹ) ਧਰਮ ਛੱਡ ਦਿੱਤਾ ਹੈ, ਜਿਨ੍ਹਾਂ ਨੂੰ ਇਹ ਮੂੰਹੋਂ ਮਲੇਛ ਕਹਿ ਰਹੇ ਹਨ (ਰੋਜ਼ੀ ਦੀ ਖ਼ਾਤਰ) ਉਹਨਾਂ ਦੀ ਬੋਲੀ ਗ੍ਰਹਣ ਕਰ ਚੁਕੇ ਹਨ।
28822	663	ਸ੍ਰਿਸਟਿ ਸਭ ਇਕ ਵਰਨ ਹੋਈ ਧਰਮ ਕੀ ਗਤਿ ਰਹੀ॥੩॥	(ਵਰਨ) ਰੰਗ	Srisatt Sabh Eik Varan Hoee Dhharam Kee Gath Rehee ||3||	The whole world has been reduced to the same social status; the state of righteousness and Dharma has been lost. ||3||	(ਇਹਨਾਂ ਦੇ) ਧਰਮ ਦੀ ਮਰਯਾਦਾ ਮੁੱਕ ਚੁੱਕੀ ਹੈ, ਸਾਰੀ ਸ੍ਰਿਸ਼ਟੀ ਇਕੋ ਵਰਨ ਦੀ ਹੋ ਗਈ ਹੈ (ਇਕੋ ਅਧਰਮ ਹੀ ਅਧਰਮ ਪ੍ਰਧਾਨ ਹੋ ਗਿਆ ਹੈ) ॥੩॥

28823	663	ਅਸਟ ਸਾਜ ਸਾਜਿ ਪੁਰਾਣ ਸੋਧਹਿ ਕਰਹਿ ਬੇਦ ਅਭਿਆਸੁ॥	(ਅਸਟ) ਅੱਠ	Asatt Saaj Saaj Puraan Sodhhehi Karehi Baedh Abhiaas ||	They analyze eight chapters of (Panini's grammar and the Puraanas. They study the Vedas,	(ਬ੍ਰਾਹਮਣ ਲੋਕ) ਅਸ਼ਟਾਧਿਆਈ ਆਦਿਕ ਗ੍ਰੰਥ ਰਚ ਕੇ (ਉਹਨਾਂ ਅਨੁਸਾਰ) ਪੁਰਾਣਾਂ ਨੂੰ ਵਿਚਾਰਦੇ ਹਨ ਤੇ ਵੇਦਾਂ ਦਾ ਅਭਿਆਸ ਕਰਦੇ ਹਨ (ਬੱਸ! ਇਤਨੇ ਨੂੰ ਸ੍ਰੇਸ਼ਟ ਧਰਮ ਕਰਮ ਮੰਨੀ ਬੈਠੇ ਹਨ)।
28824	663	ਬਿਨੁ ਨਾਮ ਹਰਿ ਕੇ ਮੁਕਤਿ ਨਾਹੀ ਕਹੈ ਨਾਨਕੁ ਦਾਸੁ॥੪॥੧॥੬॥੮॥		Bin Naam Har Kae Mukath Naahee Kehai Naanak Dhaas ||4||1||6||8||	But without the Lord's Name, no one is liberated; so says Nanak, the Lord's slave. ||4||1||6||8||	ਪਰ ਦਾਸ ਨਾਨਕ ਆਖਦਾ ਹੈ ਕਿ ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ (ਵਿਕਾਰਾਂ ਤੋਂ) ਖ਼ਲਾਸੀ ਨਹੀਂ ਹੋ ਸਕਦੀ (ਇਸ ਵਾਸਤੇ ਸਿਮਰਨ ਹੀ ਸਭ ਤੋਂ ਸ੍ਰੇਸ਼ਟ ਧਰਮ-ਕਰਮ ਹੈ) ॥੪॥੧॥੬॥੮॥
28825	663	ਧਨਾਸਰੀ ਮਹਲਾ ੧ ਆਰਤੀ		Dhhanaasaree Mehalaa 1 Aarathee	Dhanaasaree, First Mehl, Aartee:	ਰਾਗ ਧਨਾਸਰੀ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਆਰਤੀ'।
28826	663	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
28827	663	ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ॥	(ਮੈ) ਸਰੂਪ, ਬਿੰਦੀ ਨ ਲਾਉ	Gagan Mai Thhaal Rav Chandh Dheepak Banae Thaarikaa Manddal Janak Mothee ||	In the bowl of the sky, the sun and moon are the lamps; the stars in the constellations are the pearls.	ਸਾਰਾ ਆਕਾਸ਼ (ਮਾਨੋ) ਥਾਲ ਹੈ, ਸੂਰਜ ਤੇ ਚੰਦ (ਇਸ ਥਾਲ ਵਿਚ) ਦੀਵੇ ਬਣੇ ਹੋਏ ਹਨ, ਤਾਰਿਆਂ ਦੇ ਸਮੂਹ, (ਥਾਲ ਵਿਚ) ਮੋਤੀ ਰੱਖੇ ਹੋਏ ਹਨ।

28828	663	ਧੂਪੁ ਮਲਆਨ ਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ॥੧॥		Dhhoop Malaaanalo Pavan Chavaro Karae Sagal Banaraae Foolanth Jothee ||1||	The fragrance of sandalwood is the incense, the wind is the fan, and all the vegetation are flowers in offering to You, O Luminous Lord. ||1||	ਮਲਯ ਪਰਬਤ ਵਲੋਂ ਆਉਣ ਵਾਲੀ ਹਵਾ, ਮਾਨੋ, ਧੂਪ (ਧੁਖ ਰਿਹਾ) ਹੈ, ਹਵਾ ਚੌਰ ਕਰ ਰਹੀ ਹੈ, ਸਾਰੀ ਬਨਸਪਤੀ ਜੋਤਿ-ਰੂਪ (ਪ੍ਰਭੂ ਦੀ ਆਰਤੀ) ਲਈ ਫੁੱਲ ਦੇ ਰਹੀ ਹੈ ॥੧॥
28829	663	ਕੈਸੀ ਆਰਤੀ ਹੋਇ ਭਵ ਖੰਡਨਾ ਤੇਰੀ ਆਰਤੀ॥		Kaisee Aarathee Hoe Bhav Khanddanaa Thaeree Aarathee ||	What a beautiful lamp-lit worship service this is! O Destroyer of fear, this is Your Aartee, Your worship service.	ਹੇ ਜੀਵਾਂ ਦੇ ਜਨਮ ਮਰਨ ਨਾਸ ਕਰਨ ਵਾਲੇ! (ਕੁਦਰਤਿ ਵਿਚ) ਤੇਰੀ ਕੈਸੀ ਸੁੰਦਰ ਆਰਤੀ ਹੋ ਰਹੀ ਹੈ!
28830	663	ਅਨਹਤਾ ਸਬਦ ਵਾਜੰਤ ਭੇਰੀ॥੧॥ਰਹਾਉ॥	(ਅਨਹਤਾ) ਇੱਕ ਰਸ। (ਭੇਰੀ) ਨਗਾਰਾ	Anehathaa Sabadh Vaajanth Bhaeree ||1|| Rehaao ||	The sound current of the Shabad is the sounding of the temple drums. ||1||Pause||	(ਸਭ ਜੀਵਾਂ ਵਿਚ ਰੁਮਕ ਰਹੀ) ਇੱਕ-ਰਸ ਜੀਵਨ-ਰੌ, ਮਾਨੋ, ਤੇਰੀ ਆਰਤੀ ਵਾਸਤੇ ਨਗਾਰੇ ਵੱਜ ਰਹੇ ਹਨ ॥੧॥ ਰਹਾਉ ॥
28831	663	ਸਹਸ ਤਵ ਨੈਨ ਨਨ ਨੈਨ ਹੈ ਤੋਹਿ ਕਉ ਸਹਸ ਮੂਰਤਿ ਨਨਾ ਏਕ ਤੋਹੀ॥	(ਨਨ) ਨਹੀਂ	Sehas Thav Nain Nan Nain Hai Thohi Ko Sehas Moorath Nanaa Eaek Thohee ||	Thousands are Your eyes, and yet You have no eyes. Thousands are Your forms, and yet You have not even one form.	(ਸਭ ਜੀਵਾਂ ਵਿਚ ਵਿਆਪਕ ਹੋਣ ਕਰ ਕੇ) ਹਜ਼ਾਰਾਂ ਤੇਰੀਆਂ ਅੱਖਾਂ ਹਨ (ਪਰ, ਨਿਰਾਕਾਰ ਹੋਣ ਕਰ ਕੇ, ਹੇ ਪ੍ਰਭੂ!) ਤੇਰੀਆਂ ਕੋਈ ਅੱਖਾਂ ਨਹੀਂ। ਹਜ਼ਾਰਾਂ ਤੇਰੀਆਂ ਸ਼ਕਲਾਂ ਹਨ, ਪਰ ਤੇਰੀ ਕੋਈ ਭੀ ਸ਼ਕਲ ਨਹੀਂ ਹੈ।

28832	663	ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ॥੨॥	(ਪਦ) ਪੈਰ। (ਬਿਮਲ) ਨਿਰਮਲ। (ਗੰਧ) ਨੱਕ	Sehas Padh Bimal Nan Eaek Padh Gandhh Bin Sehas Thav Gandhh Eiv Chalath Mohee ||2||	Thousands are Your lotus feet, and yet You have no feet. Without a nose, thousands are Your noses. I am enchanted with Your play! ||2||	ਹਜ਼ਾਰਾਂ ਤੇਰੇ ਸੋਹਣੇ ਪੈਰ ਹਨ, ਪਰ (ਨਿਰਾਕਾਰ ਹੋਣ ਕਰ ਕੇ) ਤੇਰਾ ਇੱਕ ਭੀ ਪੈਰ ਨਹੀਂ। ਹਜ਼ਾਰਾਂ ਤੇਰੇ ਨੱਕ ਹਨ, ਪਰ ਤੂੰ ਨੱਕ ਤੋਂ ਬਿਨਾ ਹੀ ਹੈਂ। ਤੇਰੇ ਅਜੇਹੇ ਕੌਤਕਾਂ ਨੇ ਮੈਨੂੰ ਹੈਰਾਨ ਕੀਤਾ ਹੋਇਆ ਹੈ ॥੨॥
28833	663	ਸਭ ਮਹਿ ਜੋਤਿ ਜੋਤਿ ਹੈ ਸੋਇ॥		Sabh Mehi Joth Joth Hai Soe ||	The Divine Light is within everyone; You are that Light.	ਸਾਰੇ ਜੀਵਾਂ ਵਿਚ ਇਕੋ ਉਹੀ ਪਰਮਾਤਮਾ ਦੀ ਜੋਤਿ ਵਰਤ ਰਹੀ ਹੈ।
28834	663	ਤਿਸ ਕੈ ਚਾਨਣਿ ਸਭ ਮਹਿ ਚਾਨਣੁ ਹੋਇ॥		This Kai Chaanan Sabh Mehi Chaanan Hoe ||	Yours is that Light which shines within everyone.	ਉਸ ਜੋਤਿ ਦੇ ਪਰਕਾਸ਼ ਨਾਲ ਸਾਰੇ ਜੀਵਾਂ ਵਿਚ ਚਾਨਣ (ਸੂਝ-ਬੂਝ) ਹੈ।
28835	663	ਗੁਰ ਸਾਖੀ ਜੋਤਿ ਪਰਗਟੁ ਹੋਇ॥		Gur Saakhee Joth Paragatt Hoe ||	By the Guru's Teachings, this Divine Light is revealed.	ਪਰ ਇਸ ਜੋਤਿ ਦਾ ਗਿਆਨ ਗੁਰੂ ਦੀ ਸਿੱਖਿਆ ਨਾਲ ਹੀ ਹੁੰਦਾ ਹੈ (ਗੁਰੂ ਦੀ ਰਾਹੀਂ ਇਹ ਸਮਝ ਪੈਂਦੀ ਹੈ ਕਿ ਹਰੇਕ ਦੇ ਅੰਦਰ ਪਰਮਾਤਮਾ ਦੀ ਜੋਤਿ ਹੈ)।
28836	663	ਜੋ ਤਿਸੁ ਭਾਵੈ ਸੁ ਆਰਤੀ ਹੋਇ॥੩॥		Jo This Bhaavai S Aarathee Hoe ||3||	That which pleases the Lord is the true worship service. ||3||	(ਇਸ ਸਰਬ-ਵਿਆਪਕ ਜੋਤਿ ਦੀ) ਆਰਤੀ ਇਹ ਹੈ ਕਿ ਜੋ ਕੁਝ ਉਸ ਦੀ ਰਜ਼ਾ ਵਿਚ ਹੋ ਰਿਹਾ ਹੈ ਉਹ ਜੀਵ ਨੂੰ ਚੰਗਾ ਲੱਗੇ (ਪ੍ਰਭੂ ਦੀ ਰਜ਼ਾ ਵਿਚ ਤੁਰਨਾ ਪ੍ਰਭੂ ਦੀ ਆਰਤੀ ਕਰਨੀ ਹੈ) ॥੩॥

28837	663	ਹਰਿ ਚਰਣਕਮਲ ਮਕਰੰਦ ਲੋਭਿਤ ਮਨੋ ਅਨ ਦਿਨੋ ਮੋਹਿ ਆਹੀ ਪਿਆਸਾ॥	(ਮਕਰੰਦ) ਫੁੱਲਾਂ ਦਾ ਰਸ	Har Charan Kamal Makarandh Lobhith Mano Anadhino Mohi Aahee Piaasaa ||	My soul is enticed by the honey-sweet lotus feet of the Lord; night and day, I thirst for them.	ਹੇ ਹਰੀ! ਤੇਰੇ ਚਰਨ-ਰੂਪ ਕੌਲ ਫੁੱਲਾਂ ਦੇ ਰਸ ਲਈ ਮੇਰਾ ਮਨ ਲਲਚਾਂਦਾ ਹੈ, ਹਰ ਰੋਜ਼ ਮੈਨੂੰ ਇਸੇ ਰਸ ਦੀ ਪਿਆਸ ਲੱਗੀ ਹੋਈ ਹੈ।
28838	663	ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾ ਤੇ ਤੇਰੈ ਨਾਮਿ ਵਾਸਾ॥੪॥੧॥੭॥੯॥		Kirapaa Jal Dhaehi Naanak Saaring Ko Hoe Jaa Thae Thaerai Naam Vaasaa ||4||1||7||9||	Bless Nanak, the thirsty song-bird, with the water of Your Mercy, that he may come to dwell in Your Name. ||4||1||7||9||	ਮੈਨੂੰ ਨਾਨਕ ਪਪੀਹੇ ਨੂੰ ਆਪਣੀ ਮੇਹਰ ਦਾ ਜਲ ਦੇਹ, ਜਿਸ (ਦੀ ਬਰਕਤਿ) ਨਾਲ ਮੈਂ ਤੇਰੇ ਨਾਮ ਵਿਚ ਟਿਕਿਆ ਰਹਾਂ ॥੪॥੧॥੭॥੯॥
28839	663	ਧਨਾਸਰੀ ਮਹਲਾ ੩ ਘਰੁ ੨ ਚਉਪਦੇ		Dhhanaasaree Mehalaa 3 Ghar 2 Choupadhae	Dhanaasaree, Third Mehl, Second House, Chau-Padas:	ਰਾਗ ਧਨਾਸਰੀ, ਘਰ ੨ ਵਿੱਚ ਗੁਰੂ ਅਮਰਦਾਸ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
28840	663	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
28841	663	ਇਹੁ ਧਨੁ ਅਖੁਟੁ ਨ ਨਿਖੁਟੈ ਨ ਜਾਇ॥	(ਅ-ਖੁੱਟੁ) ਨ ਮੁੱਕਣ ਵਾਲਾ। ਨਿਖੁੱਟੈ	Eihu Dhhan Akhutt N Nikhuttai N Jaae ||	This wealth is inexhaustible. It shall never be exhausted, and it shall never be lost.	ਹੇ ਭਾਈ! ਇਹ ਨਾਮ-ਖ਼ਜ਼ਾਨਾ ਕਦੇ ਮੁੱਕਣ ਵਾਲਾ ਨਹੀਂ, ਨਾਹ ਇਹ (ਖ਼ਰਚਿਆਂ) ਮੁੱਕਦਾ ਹੈ, ਨਾਹ ਇਹ ਗਵਾਚਦਾ ਹੈ।

28842	663	ਪੂਰੈ ਸਤਿਗੁਰਿ ਦੀਆ ਦਿਖਾਇ॥		Poorai Sathigur Dheeaa Dhikhaae ||	The Perfect True Guru has revealed it to me.	(ਇਸ ਧਨ ਦੀ ਇਹ ਸਿਫ਼ਤਿ ਮੈਨੂੰ) ਪੂਰੇ ਗੁਰੂ ਨੇ ਵਿਖਾ ਦਿੱਤੀ ਹੈ।
28843	663	ਅਪੁਨੇ ਸਤਿਗੁਰ ਕਉ ਸਦ ਬਲਿ ਜਾਈ॥		Apunae Sathigur Ko Sadh Bal Jaaee ||	I am forever a sacrifice to my True Guru.	(ਹੇ ਭਾਈ!) ਮੈਂ ਆਪਣੇ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ,
28844	663	ਗੁਰ ਕਿਰਪਾ ਤੇ ਹਰਿ ਮੰਨਿ ਵਸਾਈ॥੧॥		Gur Kirapaa Thae Har Mann Vasaaee ||1||	By Guru's Grace, I have enshrined the Lord within my mind. ||1||	ਗੁਰੂ ਦੀ ਕਿਰਪਾ ਨਾਲ ਪਰਮਾਤਮਾ (ਦਾ ਨਾਮ-ਧਨ ਆਪਣੇ) ਮਨ ਵਿਚ ਵਸਾਂਦਾ ਹਾਂ ॥੧॥
28845	663	ਸੇ ਧਨਵੰਤ ਹਰਿ ਨਾਮਿ ਲਿਵ ਲਾਇ॥		Sae Dhhanavanth Har Naam Liv Laae ||	They alone are wealthy, who lovingly attune themselves to the Lord's Name.	(ਹੇ ਭਾਈ! ਉਹ ਮਨੁੱਖ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜ ਕੇ (ਆਤਮਕ ਜੀਵਨ ਦੇ) ਸ਼ਾਹ ਬਣ ਗਏ,
28846	663	ਗੁਰਿ ਪੂਰੈ ਹਰਿ ਧਨੁ ਪਰਗਾਸਿਆ ਹਰਿ ਕਿਰਪਾ ਤੇ ਵਸੈ ਮਨਿ ਆਇ॥ਰਹਾਉ॥		Gur Poorai Har Dhhan Paragaasiaa Har Kirapaa Thae Vasai Man Aae || Rehaao ||	The Perfect Guru has revealed to me the Lord's treasure; by the Lord's Grace, it has come to abide in my mind. ||Pause||	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ) ਪੂਰੇ ਗੁਰੂ ਨੇ ਪਰਮਾਤਮਾ ਦੇ ਨਾਮ ਦਾ ਧਨ ਪਰਗਟ ਕਰ ਦਿੱਤਾ। ਹੇ ਭਾਈ! ਇਹ ਨਾਮ-ਧਨ ਪਰਮਾਤਮਾ ਦੀ ਕਿਰਪਾ ਨਾਲ ਮਨ ਵਿਚ ਆ ਕੇ ਵੱਸਦਾ ਹੈ ਰਹਾਉ॥
28847	663	ਅਵਗੁਣ ਕਾਟਿ ਗੁਣ ਰਿਦੈ ਸਮਾਇ॥		Avagun Kaatt Gun Ridhai Samaae ||	He is rid of his demerits, and his heart is permeated with merit and virtue.	(ਹੇ ਭਾਈ! ਗੁਰੂ ਸਰਨ ਆਏ ਮਨੁੱਖ ਦੇ) ਔਗੁਣ ਦੂਰ ਕਰ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ (ਉਸ ਦੇ) ਹਿਰਦੇ ਵਿਚ ਵਸਾ ਦੇਂਦਾ ਹੈ।

28848	663	ਪੂਰੈ ਗੁਰ ਕੈ ਸਹਜਿ ਸੁਭਾਇ॥		Poorae Gur Kai Sehaj Subhaae ||	By Guru's Grace, he naturally dwells in celestial peace.	(ਇਸ ਬਾਣੀ ਦੀ ਬਰਕਤਿ ਨਾਲ) ਆਤਮਕ ਅਡੋਲਤਾ ਵਿਚ ਸਮਾਈ ਹੋਈ ਰਹਿੰਦੀ ਹੈ।
28849	663	ਪੂਰੇ ਗੁਰ ਕੀ ਸਾਚੀ ਬਾਣੀ॥		Poorae Gur Kee Saachee Baanee ||	True is the Word of the Perfect Guru's Bani.	(ਹੇ ਭਾਈ!) ਪੂਰੇ ਗੁਰੂ ਦੀ (ਉਚਾਰੀ ਹੋਈ) ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੀ ਬਾਣੀ-
28850	663	ਸੁਖ ਮਨ ਅੰਤਰਿ ਸਹਜਿ ਸਮਾਣੀ॥੨॥		Sukh Man Anthar Sehaj Samaanee ||2||	They bring peace to the mind, and celestial peace is absorbed within. ||2||	(ਮਨੁੱਖ ਦੇ) ਮਨ ਵਿਚ ਆਤਮਕ ਹੁਲਾਰੇ ਪੈਦਾ ਕਰਦੀ ਹੈ ॥੨॥
28851	663	ਏਕੁ ਅਚਰਜੁ ਜਨ ਦੇਖਹੁ ਭਾਈ॥	ਅ-ਚਰਜੁ	Eaek Acharaj Jan Dhaekhahu Bhaaee ||	O my humble Siblings of Destiny, behold this strange and wonderful thing:	ਹੇ ਭਾਈ ਜਨੋ! ਇਕ ਹੈਰਾਨ ਕਰਨ ਵਾਲਾ ਤਮਾਸ਼ਾ ਵੇਖੋ।
28852	663	ਦੁਬਿਧਾ ਮਾਰਿ ਹਰਿ ਮੰਨਿ ਵਸਾਈ॥		Dhubidhhaa Maar Har Mann Vasaaee ||	Duality is overcome, and the Lord dwells within his mind.	(ਗੁਰੂ ਮਨੁੱਖ ਦੇ ਅੰਦਰੋਂ) ਤੇਰ-ਮੇਰ ਮਿਟਾ ਕੇ ਪਰਮਾਤਮਾ (ਦਾ ਨਾਮ ਉਸ ਦੇ) ਮਨ ਵਿਚ ਵਸਾ ਦੇਂਦਾ ਹੈ।
28853	663	ਨਾਮੁ ਅਮੋਲਕੁ ਨ ਪਾਇਆ ਜਾਇ॥		Naam Amolak N Paaeiaa Jaae ||	The Naam, the Name of the Lord, is priceless; it cannot be taken.	ਹੇ ਭਾਈ! ਪਰਮਾਤਮਾ ਦਾ ਨਾਮ ਅਮੋਲਕ ਹੈ, (ਕਿਸੇ ਭੀ ਦੁਨਿਆਵੀ ਕੀਮਤ ਨਾਲ) ਨਹੀਂ ਮਿਲ ਸਕਦਾ।
28854	663	ਗੁਰ ਪਰਸਾਦਿ ਵਸੈ ਮਨਿ ਆਇ॥੩॥		Gur Parasaadh Vasai Man Aae ||3||	By Guru's Grace, it comes to abide in the mind. ||3||	(ਹਾਂ,) ਗੁਰੂ ਦੀ ਕਿਰਪਾ ਨਾਲ ਮਨ ਵਿਚ ਆ ਵੱਸਦਾ ਹੈ ॥੩॥

28855	663	ਸਭ ਮਹਿ ਵਸੈ ਪ੍ਰਭੁ ਏਕੋ ਸੋਇ॥		Sabh Mehi Vasai Prabh Eaeko Soe ||	He is the One God, abiding within all.	(ਹੇ ਭਾਈ! ਭਾਵੇਂ) ਉਹ ਇੱਕ ਪਰਮਾਤਮਾ ਆਪ ਹੀ ਸਭ ਵਿਚ ਵੱਸਦਾ ਹੈ,
28856	663	ਗੁਰਮਤੀ ਘਟਿ ਪਰਗਟੁ ਹੋਇ॥		Guramathee Ghatt Paragatt Hoe ||	Through the Guru's Teachings, He is revealed in the heart.	(ਪਰ) ਗੁਰੂ ਦੀ ਮਤਿ ਉਤੇ ਤੁਰਿਆਂ ਹੀ (ਮਨੁੱਖ ਦੇ) ਹਿਰਦੇ ਵਿਚ ਪਰਗਟ ਹੁੰਦਾ ਹੈ।
28857	663	ਸਹਜੇ ਜਿਨਿ ਪ੍ਰਭੁ ਜਾਣਿ ਪਛਾਣਿਆ॥		Sehajae Jin Prabh Jaan Pashhaaniaa ||	One who intuitively knows and realizes God,	ਆਤਮਕ ਅਡੋਲਤਾ ਵਿਚ ਟਿਕ ਕੇ ਜਿਸ ਮਨੁੱਖ ਨੇ ਪ੍ਰਭੂ ਨਾਲ ਡੂੰਘੀ ਸਾਂਝ ਪਾ ਕੇ (ਉਸ ਨੂੰ ਆਪਣੇ ਅੰਦਰ ਵੱਸਦਾ) ਪਛਾਣ ਲਿਆ ਹੈ,
28858	664	ਨਾਨਕ ਨਾਮੁ ਮਿਲੈ ਮਨੁ ਮਾਨਿਆ॥੪॥੧॥		Naanak Naam Milai Man Maaniaa ||4||1||	O Nanak, obtains the Naam; his mind is pleased and appeased. ||4||1||	ਹੇ ਨਾਨਕ! ਉਸ ਨੂੰ ਪਰਮਾਤਮਾ ਦਾ ਨਾਮ (ਸਦਾ ਲਈ) ਪ੍ਰਾਪਤ ਹੋ ਜਾਂਦਾ ਹੈ, ਉਸ ਦਾ ਮਨ (ਪਰਮਾਤਮਾ ਦੀ ਯਾਦ ਵਿਚ) ਪਤੀਜਿਆ ਰਹਿੰਦਾ ਹੈ ॥੪॥੧॥
28859	664	ਧਨਾਸਰੀ ਮਹਲਾ ੩॥		Dhhanaasaree Mehalaa 3 ||	Dhanaasaree, Third Mehl:	
28860	664	ਹਰਿ ਨਾਮੁ ਧਨੁ ਨਿਰਮਲੁ ਅਤਿ ਅਪਾਰਾ॥		Har Naam Dhhan Niramal Ath Apaaraa ||	The wealth of the Lord's Name is immaculate, and absolutely infinite.	ਹੇ ਭਾਈ! ਪਰਮਾਤਮਾ ਦਾ ਨਾਮ ਪਵਿੱਤਰ ਧਨ ਹੈ, ਕਦੇ ਨਾਹ ਮੁੱਕਣ ਵਾਲਾ ਧਨ ਹੈ।
28861	664	ਗੁਰ ਕੈ ਸਬਦਿ ਭਰੇ ਭੰਡਾਰਾ॥		Gur Kai Sabadh Bharae Bhanddaaraa ||	The Word of the Guru's Shabad is over-flowing with treasure.	ਗੁਰੂ ਦੇ ਸ਼ਬਦ ਵਿਚ (ਜੁੜਿਆਂ ਮਨੁੱਖ ਦੇ ਅੰਦਰ ਇਸ ਧਨ ਦੇ) ਖ਼ਜ਼ਾਨੇ ਭਰ ਜਾਂਦੇ ਹਨ।

28862	664	ਨਾਮ ਧਨ ਬਿਨੁ ਹੋਰ ਸਭ ਬਿਖੁ ਜਾਣੁ॥		Naam Dhhan Bin Hor Sabh Bikh Jaan ||	Know that, except for the wealth of the Name, all other wealth is poison.	ਹੇ ਭਾਈ! ਹਰਿ-ਨਾਮ-ਧਨ ਤੋਂ ਬਿਨਾ ਹੋਰ (ਦੁਨੀਆ ਵਾਲਾ ਧਨ) ਸਾਰਾ ਜ਼ਹਰ ਸਮਝ (ਜੋ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ)।
28863	664	ਮਾਇਆ ਮੋਹਿ ਜਲੈ ਅਭਿਮਾਨੁ॥੧॥		Maaeiaa Mohi Jalai Abhimaan ||1||	The egotistical people are burning in their attachment to Maya. ||1||	(ਦੁਨੀਆ ਵਾਲਾ ਧਨ) ਅਹੰਕਾਰ ਪੈਦਾ ਕਰਦਾ ਹੈ (ਦੁਨੀਆ ਵਾਲੇ ਧਨ ਨੂੰ ਇਕੱਠਾ ਕਰਨ ਵਾਲਾ ਮਨੁੱਖ) ਮਾਇਆ ਦੇ ਮੋਹ ਵਿਚ ਸੜਦਾ ਰਹਿੰਦਾ ਹੈ ॥੧॥
28864	664	ਗੁਰਮੁਖਿ ਹਰਿ ਰਸੁ ਚਾਖੈ ਕੋਇ॥		Guramukh Har Ras Chaakhai Koe ||	How rare is that Gurmukh who tastes the sublime essence of the Lord.	ਹੇ ਭਾਈ! ਜੇਹੜਾ ਭੀ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਦਾ ਹੈ,
28865	664	ਤਿਸੁ ਸਦਾ ਅਨੰਦੁ ਹੋਵੈ ਦਿਨੁ ਰਾਤੀ ਪੂਰੈ ਭਾਗਿ ਪਰਾਪਤਿ ਹੋਇ॥ਰਹਾਉ॥		This Sadhaa Anandh Hovai Dhin Raathee Poorai Bhaag Paraapath Hoe || Rehaao ||	He is always in bliss, day and night; through perfect good destiny, he obtains the Name. ||Pause||	ਉਸ ਨੂੰ ਦਿਨ ਰਾਤ ਹਰ ਵੇਲੇ ਆਤਮਕ ਆਨੰਦ ਮਿਲਿਆ ਰਹਿੰਦਾ ਹੈ। (ਪਰ ਇਹ ਹਰਿ-ਨਾਮ-ਰਸ) ਪੂਰੀ ਕਿਸਮਤਿ ਨਾਲ ਹੀ ਮਿਲਦਾ ਹੈ ਰਹਾਉ॥
28866	664	ਸਬਦੁ ਦੀਪਕੁ ਵਰਤੈ ਤਿਹੁ ਲੋਇ॥		Sabadh Dheepak Varathai Thihu Loe ||	The Word of the Shabad is a lamp, illuminating the three worlds.	ਹੇ ਭਾਈ! ਗੁਰੂ ਦਾ ਸ਼ਬਦ (ਮਾਨੋ) ਦੀਵਾ (ਹੈ, ਜੋ) ਸਾਰੇ ਸੰਸਾਰ ਵਿਚ ਚਾਨਣ ਕਰਦਾ ਹੈ।
28867	664	ਜੋ ਚਾਖੈ ਸੋ ਨਿਰਮਲੁ ਹੋਇ॥		Jo Chaakhai So Niramal Hoe ||	One who tastes it, becomes immaculate.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਚੱਖਦਾ ਹੈ, ਉਹ ਪਵਿਤ੍ਰ ਜੀਵਨ ਵਾਲਾ ਹੋ ਜਾਂਦਾ ਹੈ।

28868	664	ਨਿਰਮਲ ਨਾਮਿ ਹਉਮੈ ਮਲੁ ਧੋਇ॥		Niramal Naam Houmai Mal Dhhoe ||	The immaculate Naam, the Name of the Lord, washes off the filth of ego.	(ਗੁਰੂ ਦੇ ਸ਼ਬਦ ਦੀ ਰਾਹੀਂ) ਪਵਿਤ੍ਰ ਹਰਿ-ਨਾਮ ਵਿਚ (ਜੁੜ ਕੇ ਮਨੁੱਖ ਆਪਣੇ ਅੰਦਰੋਂ) ਹਉਮੈ ਦੀ ਮੈਲ ਧੋ ਲੈਂਦਾ ਹੈ।
28869	664	ਸਾਚੀ ਭਗਤਿ ਸਦਾ ਸੁਖੁ ਹੋਇ॥੨॥		Saachee Bhagath Sadhaa Sukh Hoe ||2||	True devotional worship brings lasting peace. ||2||	ਸਦਾ-ਥਿਰ ਪ੍ਰਭੂ ਦੀ ਭਗਤੀ ਦੀ ਬਰਕਤਿ ਨਾਲ (ਮਨੁੱਖ ਦੇ ਅੰਦਰ) ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ ॥੨॥
28870	664	ਜਿਨਿ ਹਰਿ ਰਸੁ ਚਾਖਿਆ ਸੋ ਹਰਿ ਜਨੁ ਲੋਗੁ॥		Jin Har Ras Chaakhiaa So Har Jan Log ||	One who tastes the sublime essence of the Lord is the Lord's humble servant.	ਹੇ ਭਾਈ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ-ਰਸ ਚੱਖ ਲਿਆ, ਉਹ ਪਰਮਾਤਮਾ ਦਾ ਦਾਸ ਬਣ ਗਿਆ।
28871	664	ਤਿਸੁ ਸਦਾ ਹਰਖੁ ਨਾਹੀ ਕਦੇ ਸੋਗੁ॥		This Sadhaa Harakh Naahee Kadhae Sog ||	He is forever happy; he is never sad.	ਉਸ ਨੂੰ ਸਦਾ ਆਨੰਦ ਪ੍ਰਾਪਤ ਰਹਿੰਦਾ ਹੈ, ਉਸ ਨੂੰ ਕੋਈ ਗ਼ਮ ਨਹੀਂ ਵਿਆਪਦਾ।
28872	664	ਆਪਿ ਮੁਕਤੁ ਅਵਰਾ ਮੁਕਤੁ ਕਰਾਵੈ॥		Aap Mukath Avaraa Mukath Karaavai ||	He himself is liberated, and he liberates others as well.	ਉਹ ਮਨੁੱਖ ਆਪ (ਦੁੱਖਾਂ ਵਿਕਾਰਾਂ ਤੋਂ) ਬਚਿਆ ਰਹਿੰਦਾ ਹੈ, ਹੋਰਨਾਂ ਨੂੰ ਭੀ ਬਚਾ ਲੈਂਦਾ ਹੈ।
28873	664	ਹਰਿ ਨਾਮੁ ਜਪੈ ਹਰਿ ਤੇ ਸੁਖੁ ਪਾਵੈ॥੩॥		Har Naam Japai Har Thae Sukh Paavai ||3||	He chants the Lord's Name, and through the Lord, he finds peace. ||3||	ਉਹ (ਵਡ-ਭਾਗੀ) ਮਨੁੱਖ ਸਦਾ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ, ਤੇ, ਪਰਮਾਤਮਾ ਪਾਸੋਂ ਸੁਖ ਹਾਸਲ ਕਰਦਾ ਹੈ ॥੩॥

28874	664	ਬਿਨੁ ਸਤਿਗੁਰ ਸਭ ਮੁਈ ਬਿਲਲਾਇ॥		Bin Sathigur Sabh Muee Bilalaae ||	Without the True Guru, everyone dies, crying out in pain.	ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ ਸਾਰੀ ਲੋਕਾਈ ਦੁੱਖੀ ਹੋ ਹੋ ਕੇ ਆਤਮਕ ਮੌਤ ਸਹੇੜ ਲੈਂਦੀ ਹੈ।
28875	664	ਅਨ ਦਿਨੁ ਦਾਝਹਿ ਸਾਤਿ ਨ ਪਾਇ॥	(ਦਾਝਹਿ) ਸੜਦੇ। ਸਾਂਤਿ	Anadhin Dhaajhehi Saath N Paae ||	Night and day, they burn, and find no peace.	(ਗੁਰੂ ਤੋਂ ਵਿਛੁੜ ਕੇ ਮਨੁੱਖ) ਹਰ ਵੇਲੇ (ਮਾਇਆ ਦੇ ਮੋਹ ਵਿਚ) ਸੜਦੇ ਰਹਿੰਦੇ ਹਨ। (ਗੁਰੂ ਦੀ ਸਰਨ ਤੋਂ ਬਿਨਾ ਮਨੁੱਖ) ਸ਼ਾਂਤੀ ਹਾਸਲ ਨਹੀਂ ਕਰ ਸਕਦਾ।
28876	664	ਸਤਿਗੁਰੁ ਮਿਲੈ ਸਭੁ ਤ੍ਰਿਸਨ ਬੁਝਾਏ॥	ਬੁੱਝਾਏ	Sathigur Milai Sabh Thrisan Bujhaaeae ||	But meeting the True Guru, all thirst is quenched.	ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਗੁਰੂ ਉਸ ਦੀ ਸਾਰੀ (ਮਾਇਆ ਦੀ) ਤ੍ਰੇਹ ਮਿਟਾ ਦੇਂਦਾ ਹੈ।
28877	664	ਨਾਨਕ ਨਾਮਿ ਸਾਂਤਿ ਸੁਖੁ ਪਾਏ॥੪॥੨॥		Naanak Naam Saanth Sukh Paaeae ||4||2||	O Nanak, through the Naam, one finds peace and tranquility. ||4||2||	ਹੇ ਨਾਨਕ! ਉਹ ਮਨੁੱਖ ਹਰਿ-ਨਾਮ ਵਿਚ ਟਿਕ ਕੇ ਸ਼ਾਂਤੀ ਤੇ ਆਨੰਦ ਹਾਸਲ ਕਰ ਲੈਂਦਾ ਹੈ ॥੪॥੨॥
28878	664	ਧਨਾਸਰੀ ਮਹਲਾ ੩॥		Dhhanaasaree Mehalaa 3 ||	Dhanaasaree, Third Mehl:	
28879	664	ਸਦਾ ਧਨੁ ਅੰਤਰਿ ਨਾਮੁ ਸਮਾਲੇ॥		Sadhaa Dhhan Anthar Naam Samaalae ||	Gather in and cherish forever the wealth of the Lord's Name, deep within;	ਹੇ ਭਾਈ! ਨਾਮ ਧਨ ਨੂੰ ਆਪਣੇ ਅੰਦਰ ਸਾਂਭ ਕੇ ਰੱਖ। ਉਸ ਪਰਮਾਤਮਾ ਦਾ ਨਾਮ (ਐਸਾ) ਧਨ (ਹੈ ਜੋ) ਸਦਾ ਸਾਥ ਨਿਬਾਹੁੰਦਾ ਹੈ,

28880	664	ਜੀਅ ਜੰਤ ਜਿਨਹਿ ਪ੍ਰਤਿਪਾਲੇ॥		Jeea Janth Jinehi Prathipaalae ||	He cherishes and nurtures all beings and creatures.	ਜਿਸ ਪਰਮਾਤਮਾ ਨੇ ਸਾਰੇ ਜੀਵਾਂ ਦੀ ਪਾਲਣਾ (ਕਰਨ ਦੀ ਜ਼ਿੰਮੇਵਾਰੀ) ਲਈ ਹੋਈ ਹੈ।
28881	664	ਮੁਕਤਿ ਪਦਾਰਥੁ ਤਿਨ ਕਉ ਪਾਏ॥		Mukath Padhaarathh Thin Ko Paaeae ||	They alone obtain the treasure of Liberation,	ਹੇ ਭਾਈ! ਵਿਕਾਰਾਂ ਤੋਂ ਖ਼ਲਾਸੀ ਕਰਾਣ ਵਾਲਾ ਨਾਮ-ਧਨ ਉਹਨਾਂ ਮਨੁੱਖਾਂ ਨੂੰ ਮਿਲਦਾ ਹੈ,
28882	664	ਹਰਿ ਕੇ ਨਾਮਿ ਰਤੇ ਲਿਵ ਲਾਏ॥੧॥	ਰੱਤੇ	Har Kai Naam Rathae Liv Laaeae ||1||	Who are lovingly imbued with, and focused on the Lord's Name. ||1||	ਜੇਹੜੇ ਸੁਰਤਿ ਜੋੜ ਕੇ ਪਰਮਾਤਮਾ ਦੇ ਨਾਮ (-ਰੰਗ) ਵਿਚ ਰੰਗੇ ਰਹਿੰਦੇ ਹਨ ॥੧॥
28883	664	ਗੁਰ ਸੇਵਾ ਤੇ ਹਰਿ ਨਾਮੁ ਧਨੁ ਪਾਵੈ॥		Gur Saevaa Thae Har Naam Dhhan Paavai ||	Serving the Guru, one obtains the wealth of the Lord's Name.	ਹੇ ਭਾਈ! ਗੁਰੂ ਦੀ (ਦੱਸੀ) ਸੇਵਾ ਕਰਨ ਨਾਲ (ਮਨੁੱਖ) ਪਰਮਾਤਮਾ ਦਾ ਨਾਮ-ਧਨ ਹਾਸਲ ਕਰ ਲੈਂਦਾ ਹੈ।
28884	664	ਅੰਤਰਿ ਪਰਗਾਸੁ ਹਰਿ ਨਾਮੁ ਧਿਆਵੈ॥ਰਹਾਉ॥		Anthar Paragaas Har Naam Dhhiaavai || Rehaao ||	He is illumined and enlightened within, and he meditates on the Lord's Name. ||Pause||	ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ, ਉਸ ਦੇ ਅੰਦਰ (ਆਤਮਕ ਜੀਵਨ ਦੀ) ਸੂਝ ਪੈਦਾ ਹੋ ਜਾਂਦੀ ਹੈ ਰਹਾਉ॥
28885	664	ਇਹੁ ਹਰਿ ਰੰਗੁ ਗੂੜਾ ਧਨ ਪਿਰ ਹੋਇ॥	ਗੂੜ੍ਹਾ	Eihu Har Rang Goorraa Dhhan Pir Hoe ||	This love for the Lord is like the love of the bride for her husband.	ਹੇ ਭਾਈ! ਪ੍ਰਭੂ-ਪਤੀ (ਦੇ ਪ੍ਰੇਮ) ਦਾ ਇਹ ਗੂੜ੍ਹਾ ਰੰਗ ਉਸ ਜੀਵ-ਇਸਤ੍ਰੀ ਨੂੰ ਚੜ੍ਹਦਾ ਹੈ,

28886	664	ਸਾਂਤਿ ਸੀਗਾਰੁ ਰਾਵੇ ਪ੍ਰਭੁ ਸੋਇ॥		Saanth Seegaar Raavae Prabh Soe ||	God ravishes and enjoys the soul-bride who is adorned with peace and tranquility.	ਜੇਹੜੀ (ਆਤਮਕ) ਸ਼ਾਂਤੀ ਨੂੰ (ਆਪਣੇ ਜੀਵਨ ਦਾ) ਗਹਣਾ ਬਣਾਂਦੀ ਹੈ, ਉਹ ਜੀਵ-ਇਸਤ੍ਰੀ ਉਸ ਪ੍ਰਭੂ ਨੂੰ ਹਰ ਵੇਲੇ ਹਿਰਦੇ ਵਿਚ ਵਸਾਈ ਰੱਖਦੀ ਹੈ।
28887	664	ਹਉਮੈ ਵਿਚਿ ਪ੍ਰਭੁ ਕੋਇ ਨ ਪਾਏ॥		Houmai Vich Prabh Koe N Paaeae ||	No one finds God through egotism.	ਪਰ ਅਹੰਕਾਰ ਵਿਚ (ਰਹਿ ਕੇ) ਕੋਈ ਭੀ ਜੀਵ ਪਰਮਾਤਮਾ ਨੂੰ ਮਿਲ ਨਹੀਂ ਸਕਦਾ।
28888	664	ਮੂਲਹੁ ਭੁਲਾ ਜਨਮੁ ਗਵਾਏ॥੨॥	ਭੁੱਲਾ	Moolahu Bhulaa Janam Gavaaeae ||2||	Wandering away from the Primal Lord, the root of all, one wastes his life in vain. ||2||	ਆਪਣੇ ਜਿੰਦ-ਦਾਤੇ ਤੋਂ ਭੁੱਲਾ ਹੋਇਆ ਮਨੁੱਖ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਜਾਂਦਾ ਹੈ ॥੨॥
28889	664	ਗੁਰ ਤੇ ਸਾਤਿ ਸਹਜ ਸੁਖੁ ਬਾਣੀ॥	ਸਾਂਤਿ	Gur Thae Saath Sehaj Sukh Baanee ||	Tranquility, celestial peace, pleasure and the Word of His Bani come from the Guru.	ਹੇ ਭਾਈ! ਗੁਰੂ ਪਾਸੋਂ (ਮਿਲੀ) ਬਾਣੀ ਦੀ ਬਰਕਤਿ ਨਾਲ ਆਤਮਕ ਸ਼ਾਂਤੀ ਪ੍ਰਾਪਤ ਹੁੰਦੀ ਹੈ, ਆਤਮਕ ਅਡੋਲਤਾ ਦਾ ਆਨੰਦ ਮਿਲਦਾ ਹੈ।
28890	664	ਸੇਵਾ ਸਾਚੀ ਨਾਮਿ ਸਮਾਣੀ॥		Saevaa Saachee Naam Samaanee ||	True is that service, which leads one to merge in the Naam.	(ਗੁਰੂ ਦੀ ਦੱਸੀ) ਸੇਵਾ ਸਦਾ ਨਾਲ ਨਿਭਣ ਵਾਲੀ ਚੀਜ਼ ਹੈ (ਇਸ ਦੀ ਬਰਕਤਿ ਨਾਲ ਪਰਮਾਤਮਾ ਦੇ) ਨਾਮ ਵਿਚ ਲੀਨਤਾ ਹੋ ਜਾਂਦੀ ਹੈ।
28891	664	ਸਬਦਿ ਮਿਲੈ ਪ੍ਰੀਤਮੁ ਸਦਾ ਧਿਆਏ॥		Sabadh Milai Preetham Sadhaa Dhhiaaeae ||	Blessed with the Word of the Shabad, he meditates forever on the Lord, the Beloved.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਿਆ ਰਹਿੰਦਾ ਹੈ, ਉਹ ਪ੍ਰੀਤਮ-ਪ੍ਰਭੂ ਨੂੰ ਸਦਾ ਸਿਮਰਦਾ ਰਹਿੰਦਾ ਹੈ।

28892	664	ਸਾਚ ਨਾਮਿ ਵਡਿਆਈ ਪਾਏ॥੩॥		Saach Naam Vaddiaaee Paaeae ||3||	Through the True Name, glorious greatness is obtained. ||3||	ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਲੀਨ ਹੋ ਕੇ (ਪਰਲੋਕ ਵਿਚ) ਇੱਜ਼ਤ ਖੱਟਦਾ ਹੈ ॥੩॥
28893	664	ਆਪੇ ਕਰਤਾ ਜੁਗਿ ਜੁਗਿ ਸੋਇ॥	ਜੁੱਗਿ ਜੁੱਗਿ	Aapae Karathaa Jug Jug Soe ||	The Creator Himself abides throughout the ages.	ਜੇਹੜਾ ਕਰਤਾਰ ਹਰੇਕ ਜੁਗ ਵਿਚ ਆਪ ਹੀ (ਮੌਜੂਦ ਚਲਿਆ ਆ ਰਿਹਾ) ਹੈ।
28894	664	ਨਦਰਿ ਕਰੇ ਮੇਲਾਵਾ ਹੋਇ॥		Nadhar Karae Maelaavaa Hoe ||	If He casts His Glance of Grace, then we meet Him.	ਉਹ (ਜਿਸ ਮਨੁੱਖ ਉੱਤੇ ਮੇਹਰ ਦੀ) ਨਿਗਾਹ ਕਰਦਾ ਹੈ (ਉਸ ਮਨੁੱਖ ਦਾ ਉਸ ਨਾਲ) ਮਿਲਾਪ ਹੋ ਜਾਂਦਾ ਹੈ।
28895	664	ਗੁਰਬਾਣੀ ਤੇ ਹਰਿ ਮੰਨਿ ਵਸਾਏ॥		Gurabaanee Thae Har Mann Vasaaeae ||	Through the Word of Gurbani, the Lord comes to dwell in the mind.	ਉਹ ਮਨੁੱਖ ਗੁਰੂ ਦੀ ਬਾਣੀ ਦੀ ਬਰਕਤਿ ਨਾਲ ਪਰਮਾਤਮਾ ਨੂੰ ਆਪਣੇ ਮਨ ਵਿਚ ਵਸਾ ਲੈਂਦਾ ਹੈ।
28896	664	ਨਾਨਕ ਸਾਚਿ ਰਾਤੇ ਪ੍ਰਭਿ ਆਪਿ ਮਿਲਾਏ॥੪॥੩॥	ਰੱਾਤੇ	Naanak Saach Rathae Prabh Aap Milaaeae ||4||3||	O Nanak, God unites with Himself those who are imbued with Truth. ||4||3||	ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੂੰ ਪ੍ਰਭੂ ਨੇ ਆਪ (ਆਪਣੇ ਚਰਨਾਂ ਵਿਚ) ਮਿਲਾਇਆ ਹੈ, ਉਹ ਉਸ ਸਦਾ-ਥਿਰ (ਦੇ ਪ੍ਰੇਮ-ਰੰਗ) ਵਿਚ ਰੰਗੇ ਰਹਿੰਦੇ ਹਨ ॥੪॥੩॥
28897	664	ਧਨਾਸਰੀ ਮਹਲਾ ੩ ਤੀਜਾ॥	ਤਿੰਨ ਜਾਂ ੜ੍ਹੈ ਨਹੀਂ ਉਚਾਰਨਾ, ਤੀਜਾ ਤੀਜਾ ਉਚਾਰੋ	Dhhanaasaree Mehalaa 3 Theejaa ||	Dhanaasaree, Third Mehl:	

28898	664	ਜਗੁ ਮੈਲਾ ਮੈਲੋ ਹੋਇ ਜਾਇ॥		Jag Mailaa Mailo Hoe Jaae ||	The world is polluted, and those in the world become polluted as well.	ਹੇ ਭਾਈ! ਮਾਇਆ ਦੇ ਮੋਹ ਵਿਚ ਫਸ ਕੇ ਜਗਤ ਮੈਲੇ ਜੀਵਨ ਵਾਲਾ ਹੋ ਜਾਂਦਾ ਹੈ, ਹੋਰ ਹੋਰ ਵਧੀਕ ਮੈਲੇ ਜੀਵਨ ਵਾਲਾ ਬਣਦਾ ਜਾਂਦਾ ਹੈ,
28899	664	ਆਵੈ ਜਾਇ ਦੂਜੈ ਲੋਭਾਇ॥		Aavai Jaae Dhoojai Lobhaae ||	In attachment to duality, it comes and goes.	ਤੇ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ।
28900	664	ਦੂਜੈ ਭਾਇ ਸਭ ਪਰਜ ਵਿਗੋਈ॥		Dhoojai Bhaae Sabh Paraj Vigoee ||	This love of duality has ruined the entire world.	ਹੇ ਭਾਈ! ਮਾਇਆ ਦੇ ਮੋਹ ਵਿਚ ਫਸ ਕੇ ਸਾਰੀ ਲੁਕਾਈ ਖ਼ੁਆਰ ਹੁੰਦੀ ਹੈ।
28901	664	ਮਨਮੁਖਿ ਚੋਟਾ ਖਾਇ ਅਪੁਨੀ ਪਤਿ ਖੋਈ॥੧॥		Manamukh Chottaa Khaae Apunee Path Khoee ||1||	The self-willed manmukh suffers punishment, and forfeits his honor. ||1||	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ ਦੇ ਮੋਹ ਦੀਆਂ) ਸੱਟਾਂ ਖਾਂਦਾ ਹੈ, ਤੇ, ਆਪਣੀ ਇੱਜ਼ਤ ਗਵਾਂਦਾ ਹੈ ॥੧॥
28902	664	ਗੁਰ ਸੇਵਾ ਤੇ ਜਨੁ ਨਿਰਮਲੁ ਹੋਇ॥		Gur Saevaa Thae Jan Niramal Hoe ||	Serving the Guru, one becomes immaculate.	ਹੇ ਭਾਈ! ਗੁਰੂ ਦੀ (ਦੱਸੀ ਹੋਈ) ਸੇਵਾ ਦੀ ਰਾਹੀਂ ਮਨੁੱਖ ਪਵਿੱਤਰ ਜੀਵਨ ਵਾਲਾ ਬਣ ਜਾਂਦਾ ਹੈ।
28903	664	ਅੰਤਰਿ ਨਾਮੁ ਵਸੈ ਪਤਿ ਊਤਮ ਹੋਇ॥ਰਹਾਉ॥		Anthar Naam Vasai Path Ootham Hoe || Rehaao ||	He enshrines the Naam, the Name of the Lord, within, and his state becomes exalted. ||Pause||	ਉਸ ਦੇ ਅੰਦਰ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਤੇ, ਉਸ ਨੂੰ ਉੱਚੀ ਇੱਜ਼ਤ ਮਿਲਦੀ ਹੈ ਰਹਾਉ॥

28904	664	ਗੁਰਮੁਖਿ ਉਬਰੇ ਹਰਿ ਸਰਣਾਈ॥		Guramukh Oubarae Har Saranaaee ||	The Gurmukhs are saved, taking to the Lord's Sanctuary.	ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਪਰਮਾਤਮਾ ਦੀ ਸਰਨ ਪੈ ਕੇ (ਮਾਇਆ ਦੇ ਮੋਹ ਤੋਂ) ਬਚ ਨਿਕਲਦੇ ਹਨ।
28905	664	ਰਾਮ ਨਾਮਿ ਰਾਤੇ ਭਗਤਿ ਦ੍ਰਿੜਾਈ॥		Raam Naam Raathae Bhagath Dhrirraaee ||	Attuned to the Lord's Name, they commit themselves to devotional worship.	ਉਹ ਪਰਮਾਤਮਾ ਦੇ ਨਾਮ ਵਿਚ ਮਗਨ ਰਹਿੰਦੇ ਹਨ, ਪਰਮਾਤਮਾ ਦੀ ਭਗਤੀ ਆਪਣੇ ਹਿਰਦੇ ਵਿਚ ਪੱਕੀ ਟਿਕਾਈ ਰੱਖਦੇ ਹਨ।
28906	664	ਭਗਤਿ ਕਰੇ ਜਨੁ ਵਡਿਆਈ ਪਾਏ॥		Bhagath Karae Jan Vaddiaaee Paaeae ||	The Lord's humble servant performs devotional worship, and is blessed with greatness.	ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦੀ ਭਗਤੀ ਕਰਦਾ ਹੈ ਉਹ (ਲੋਕ ਪਰਲੋਕ ਵਿਚ) ਇੱਜ਼ਤ ਖੱਟਦਾ ਹੈ।
28907	664	ਸਾਚਿ ਰਤੇ ਸੁਖ ਸਹਜਿ ਸਮਾਏ॥੨॥		Saach Rathae Sukh Sehaj Samaaeae ||2||	Attuned to Truth, he is absorbed in celestial peace. ||2||	ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ (ਦੇ ਪ੍ਰੇਮ-ਰੰਗ) ਵਿਚ ਰੰਗੇ ਰਹਿੰਦੇ ਹਨ ਉਹ ਆਤਮਕ ਹੁਲਾਰਿਆਂ ਵਿਚ ਆਤਮਕ ਅਡੋਲਤਾ ਵਿਚ ਮਸਤ ਰਹਿੰਦੇ ਹਨ ॥੨॥
28908	664	ਸਾਚੇ ਕਾ ਗਾਹਕੁ ਵਿਰਲਾ ਕੋ ਜਾਣੁ॥		Saachae Kaa Gaahak Viralaa Ko Jaan ||	Know that one who purchases the True Name is very rare.	(ਹੇ ਭਾਈ! ਫਿਰ ਭੀ,) ਸਦਾ-ਥਿਰ ਪ੍ਰਭੂ ਨਾਲ ਮਿਲਾਪ ਦਾ ਚਾਹਵਾਨ ਕਿਸੇ ਵਿਰਲੇ ਮਨੁੱਖ ਨੂੰ ਹੀ ਸਮਝੋ।

28909	664	ਗੁਰ ਕੈ ਸਬਦਿ ਆਪੁ ਪਛਾਣੁ॥		Gur Kai Sabadh Aap Pashhaan ||	Through the Word of the Guru's Shabad, he comes to understand himself.	(ਜੇਹੜਾ ਕੋਈ ਮਿਲਾਪ ਦਾ ਚਾਹਵਾਨ ਹੁੰਦਾ ਹੈ, ਉਹ) ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਣੇ ਆਤਮਕ ਜੀਵਨ ਨੂੰ ਪਰਖਣ ਵਾਲਾ ਬਣ ਜਾਂਦਾ ਹੈ।
28910	664	ਸਾਚੀ ਰਾਸਿ ਸਾਚਾ ਵਾਪਾਰੁ॥		Saachee Raas Saachaa Vaapaar ||	True is his capital, and true is his trade.	ਉਹ ਮਨੁੱਖ ਸਦਾ-ਥਿਰ ਹਰਿ-ਨਾਮ ਦੀ ਪੂੰਜੀ (ਆਪਣੇ ਅੰਦਰ ਸਾਂਭ ਕੇ ਰੱਖਦਾ ਹੈ), ਉਹ ਮਨੁੱਖ ਸਦਾ ਸਾਥ ਨਿਬਾਹੁਣ ਵਾਲਾ (ਹਰਿ-ਨਾਮ ਸਿਮਰਨ ਦਾ) ਵਪਾਰ ਕਰਦਾ ਹੈ।
28911	664	ਸੋ ਧੰਨੁ ਪੁਰਖੁ ਜਿਸੁ ਨਾਮਿ ਪਿਆਰੁ॥੩॥		So Dhhann Purakh Jis Naam Piaar ||3||	Blessed is that person, who loves the Naam. ||3||	ਹੇ ਭਾਈ! ਉਹ ਮਨੁੱਖ ਭਾਗਾਂ ਵਾਲਾ ਹੈ ਜਿਸ ਦਾ ਪਿਆਰ ਪਰਮਾਤਮਾ ਦੇ ਨਾਮ ਵਿਚ ਪੈ ਜਾਂਦਾ ਹੈ ॥੩॥
28912	664	ਤਿਨਿ ਪ੍ਰਭਿ ਸਾਚੈ ਇਕਿ ਸਚਿ ਲਾਏ॥		Thin Prabh Saachai Eik Sach Laaeae ||	God, the True Lord, has attached some to His True Name.	ਹੇ ਭਾਈ! ਉਸ ਸਦਾ-ਥਿਰ ਪ੍ਰਭੂ ਨੇ ਕਈ (ਮਨੁੱਖਾਂ) ਨੂੰ (ਆਪਣੇ) ਸਦਾ-ਥਿਰ ਨਾਮ ਵਿਚ ਜੋੜਿਆ ਹੋਇਆ ਹੈ,
28913	664	ਊਤਮ ਬਾਣੀ ਸਬਦੁ ਸੁਣਾਏ॥		Ootham Baanee Sabadh Sunaaeae ||	They listen to the most sublime Word of His Bani, and the Word of His Shabad.	ਉਹਨਾਂ ਨੂੰ ਗੁਰੂ ਦੀ ਬਾਣੀ ਗੁਰੂ ਦਾ ਸ਼ਬਦ ਸੁਣਾਂਦਾ ਹੈ, ਤੇ ਪਵਿਤ੍ਰ ਜੀਵਨ ਵਾਲਾ ਬਣਾ ਦੇਂਦਾ ਹੈ।
28914	665	ਪ੍ਰਭ ਸਾਚੇ ਕੀ ਸਾਚੀ ਕਾਰ॥		Prabh Saachae Kee Saachee Kaar ||	True is service to the True Lord God.	ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਇਹ ਅਟੱਲ ਮਰਯਾਦਾ ਹੈ,

28915	665	ਨਾਨਕ ਨਾਮਿ ਸਵਾਰਣਹਾਰ॥੪॥੪॥		Naanak Naam Savaaranehaar ||4||4||	O Nanak, the Naam is the Embellisher. ||4||4||	ਕਿ ਹੇ ਨਾਨਕ! ਉਹ ਆਪਣੇ ਨਾਮ ਵਿਚ ਜੋੜ ਕੇ ਜੀਵਾਂ ਦੇ ਜੀਵਨ ਸੋਹਣੇ ਬਣਾ ਦੇਣ ਵਾਲਾ ਹੈ ॥੪॥੪॥
28916	665	ਧਨਾਸਰੀ ਮਹਲਾ ੩॥		Dhhanaasaree Mehalaa 3 ||	Dhanaasaree, Third Mehl:	
28917	665	ਜੋ ਹਰਿ ਸੇਵਹਿ ਤਿਨ ਬਲਿ ਜਾਉ॥		Jo Har Saevehi Thin Bal Jaao ||	I am a sacrifice to those who serve the Lord.	(ਹੇ ਭਾਈ! ਗੁਰਬਾਣੀ ਦਾ ਆਸਰਾ ਲੈ ਕੇ) ਜੇਹੜੇ ਮਨੁੱਖ ਪਰਮਾਤਮਾ ਦਾ ਸਿਮਰਨ ਕਰਦੇ ਹਨ, ਮੈਂ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ।
28918	665	ਤਿਨ ਹਿਰਦੈ ਸਾਚੁ ਸਚਾ ਮੁਖਿ ਨਾਉ॥		Thin Hiradhai Saach Sachaa Mukh Naao ||	The Truth is in their hearts, and the True Name is on their lips.	ਉਹਨਾਂ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਵੱਸਿਆ ਰਹਿੰਦਾ ਹੈ, ਉਹਨਾਂ ਦੇ ਮੂੰਹ ਵਿਚ ਸਦਾ-ਥਿਰ ਹਰਿ-ਨਾਮ ਟਿਕਿਆ ਰਹਿੰਦਾ ਹੈ।
28919	665	ਸਾਚੋ ਸਾਚੁ ਸਮਾਲਿਹੁ ਦੁਖੁ ਜਾਇ॥		Saacho Saach Samaalihu Dhukh Jaae ||	Dwelling upon the Truest of the True, their pains are dispelled.	ਹੇ ਭਾਈ! ਸਦਾ-ਥਿਰ ਪ੍ਰਭੂ ਨੂੰ ਹੀ (ਹਿਰਦੇ ਵਿਚ) ਸੰਭਾਲ ਕੇ ਰੱਖਿਆ ਕਰੋ (ਇਸ ਦੀ ਬਰਕਤਿ ਨਾਲ ਹਰੇਕ) ਦੁੱਖ ਦੂਰ ਹੋ ਜਾਂਦਾ ਹੈ।
28920	665	ਸਾਚੈ ਸਬਦਿ ਵਸੈ ਮਨਿ ਆਇ॥੧॥		Saachai Sabadh Vasai Man Aae ||1||	Through the True Word of the Shabad, the Lord comes to dwell in their minds. ||1||	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੇ ਸ਼ਬਦ ਵਿਚ ਜੁੜਿਆਂ (ਹਰਿ-ਨਾਮ) ਮਨ ਵਿਚ ਆ ਵੱਸਦਾ ਹੈ ॥੧॥

28921	665	ਗੁਰਬਾਣੀ ਸੁਣਿ ਮੈਲੁ ਗਵਾਏ॥		Gurabaanee Sun Mail Gavaaeae ||	Listening to the Word of Gurbani, filth is washed off,	ਹੇ ਭਾਈ! ਗੁਰੂ ਦੀ ਬਾਣੀ ਸੁਣਿਆ ਕਰ, (ਇਹ ਬਾਣੀ ਮਨ ਵਿਚੋਂ ਵਿਕਾਰਾਂ ਦੀ) ਮੈਲ ਦੂਰ ਕਰ ਦੇਂਦੀ ਹੈ।
28922	665	ਸਹਜੇ ਹਰਿ ਨਾਮੁ ਮੰਨਿ ਵਸਾਏ॥੧॥ਰਹਾਉ॥		Sehajae Har Naam Mann Vasaaeae ||1|| Rehaao ||	And they naturally enshrine the Lord's Name in their minds. ||1||Pause||	(ਇਹ ਬਾਣੀ) ਆਤਮਕ ਅਡੋਲਤਾ ਵਿਚ (ਟਿਕਾ ਕੇ) ਪਰਮਾਤਮਾ ਦਾ ਨਾਮ ਮਨ ਵਿਚ ਵਸਾ ਦੇਂਦੀ ਹੈ ॥੧॥ ਰਹਾਉ ॥
28923	665	ਕੂੜੁ ਕੁਸਤੁ ਤ੍ਰਿਸਨਾ ਅਗਨਿ ਬੁਝਾਏ॥	ਕੁ-ਸੱਤੁ ਬੁੱਝਾਏ	Koorr Kusath Thrisanaa Agan Bujhaaeae ||	One who conquers fraud, deceit and the fire of desire	(ਹੇ ਭਾਈ! ਗੁਰੂ ਦੀ ਬਾਣੀ ਮਨ ਵਿਚੋਂ) ਝੂਠ ਫ਼ਰੇਬ ਮੁਕਾ ਦੇਂਦੀ ਹੈ, ਤ੍ਰਿਸ਼ਨਾ ਦੀ ਅੱਗ ਬੁਝਾ ਦੇਂਦੀ ਹੈ।
28924	665	ਅੰਤਰਿ ਸਾਂਤਿ ਸਹਜਿ ਸੁਖੁ ਪਾਏ॥		Anthar Saanth Sehaj Sukh Paaeae ||	Finds tranquility, peace and pleasure within.	(ਗੁਰਬਾਣੀ ਦੀ ਬਰਕਤਿ ਨਾਲ) ਮਨ ਵਿਚ ਸ਼ਾਂਤੀ ਪੈਦਾ ਹੋ ਜਾਂਦੀ ਹੈ, ਆਤਮਕ ਅਡੋਲਤਾ ਵਿਚ ਟਿਕ ਜਾਈਦਾ ਹੈ, ਆਤਮਕ ਆਨੰਦ ਪ੍ਰਾਪਤ ਹੁੰਦਾ ਹੈ।
28925	665	ਗੁਰ ਕੈ ਭਾਣੈ ਚਲੈ ਤਾ ਆਪੁ ਜਾਇ॥		Gur Kai Bhaanai Chalai Thaa Aap Jaae ||	If one walks in harmony with the Guru's Will, he eliminates his self-conceit.	(ਜਦੋਂ ਮਨੁੱਖ ਗੁਰਬਾਣੀ ਅਨੁਸਾਰ) ਗੁਰੂ ਦੀ ਰਜ਼ਾ ਵਿਚ ਤੁਰਦਾ ਹੈ, ਤਦੋਂ (ਉਸ ਦੇ ਅੰਦਰੋਂ) ਆਪਾ-ਭਾਵ ਦੂਰ ਹੋ ਜਾਂਦਾ ਹੈ,

28926	665	ਸਾਚੁ ਮਹਲੁ ਪਾਏ ਹਰਿ ਗੁਣ ਗਾਇ॥੨॥		Saach Mehal Paaeae Har Gun Gaae ||2||	He finds the True Mansion of the Lord's Presence, singing the Glorious Praises of the Lord. ||2||	ਤਦੋਂ ਉਹ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਗੀਤ ਗਾ ਗਾ ਕੇ ਸਦਾ-ਥਿਰ ਰਹਿਣ ਵਾਲਾ ਟਿਕਾਣਾ ਪ੍ਰਾਪਤ ਕਰ ਲੈਂਦਾ ਹੈ (ਪ੍ਰਭੂ ਚਰਨਾਂ ਵਿਚ ਲੀਨ ਰਹਿੰਦਾ ਹੈ) ॥੨॥
28927	665	ਨ ਸਬਦੁ ਬੂਝੈ ਨ ਜਾਣੈ ਬਾਣੀ॥		N Sabadh Boojhai N Jaanai Baanee ||	The blind, self-willed manmukh does not understand the Shabad; he does not know the Word of the Guru's Bani,	ਹੇ ਭਾਈ! ਜੇਹੜਾ ਮਨੁੱਖ ਨਾਹ ਗੁਰੂ ਦੇ ਸ਼ਬਦ ਨੂੰ ਸਮਝਦਾ ਹੈ, ਨਾਹ ਗੁਰੂ ਦੀ ਬਾਣੀ ਨਾਲ ਡੂੰਘੀ ਸਾਂਝ ਪਾਂਦਾ ਹੈ,
28928	665	ਮਨਮੁਖਿ ਅੰਧੇ ਦੁਖਿ ਵਿਹਾਣੀ॥		Manamukh Andhhae Dhukh Vihaanee ||	And so he passes his life in misery.	ਮਾਇਆ ਦੇ ਮੋਹ ਵਿਚ ਅੰਨ੍ਹੇ ਹੋ ਚੁਕੇ, ਤੇ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ (ਉਸ ਮਨੁੱਖ ਦੀ ਉਮਰ) ਦੁੱਖ ਵਿਚ ਹੀ ਗੁਜ਼ਰਦੀ ਹੈ।
28929	665	ਸਤਿਗੁਰੁ ਭੇਟੇ ਤਾ ਸੁਖੁ ਪਾਏ॥		Sathigur Bhaettae Thaa Sukh Paaeae ||	But if he meets the True Guru, then he finds peace,	ਜਦੋਂ ਉਸ ਨੂੰ ਗੁਰੂ ਮਿਲ ਪੈਂਦਾ ਹੈ, ਤਦੋਂ ਉਹ ਆਤਮਕ ਆਨੰਦ ਹਾਸਲ ਕਰਦਾ ਹੈ,
28930	665	ਹਉਮੈ ਵਿਚਹੁ ਠਾਕਿ ਰਹਾਏ॥੩॥		Houmai Vichahu Thaak Rehaaeae ||3||	And the ego within is silenced. ||3||	ਗੁਰੂ ਉਸ ਦੇ ਮਨ ਵਿਚੋਂ ਹਉਮੈ ਮਾਰ ਮੁਕਾਂਦਾ ਹੈ ॥੩॥
28931	665	ਕਿਸ ਨੋ ਕਹੀਐ ਦਾਤਾ ਇਕੁ ਸੋਇ॥		Kis No Keheeai Dhaathaa Eik Soe ||	Who else should I speak to? The One Lord is the Giver of all.	ਪਰ, ਹੇ ਭਾਈ! (ਪਰਮਾਤਮਾ ਤੋਂ ਬਿਨਾ) ਹੋਰ ਕਿਸੇ ਅੱਗੇ ਅਰਜ਼ੋਈ ਕੀਤੀ ਨਹੀਂ ਜਾ ਸਕਦੀ। ਸਿਰਫ਼ ਪਰਮਾਤਮਾ ਹੀ (ਗੁਰੂ ਦੇ ਮਿਲਾਪ ਦੀ ਦਾਤਿ) ਦੇਣ ਵਾਲਾ ਹੈ।

28932	665	ਕਿਰਪਾ ਕਰੇ ਸਬਦਿ ਮਿਲਾਵਾ ਹੋਇ॥		Kirapaa Karae Sabadh Milaavaa Hoe ||	When He grants His Grace, then we obtain the Word of the Shabad.	ਜਦੋਂ ਪਰਮਾਤਮਾ (ਇਹ) ਕਿਰਪਾ ਕਰਦਾ ਹੈ, ਤਦੋਂ ਗੁਰੂ ਦੇ ਸ਼ਬਦ ਵਿਚ ਜੁੜਿਆਂ (ਪ੍ਰਭੂ ਨਾਲ) ਮਿਲਾਪ ਹੋ ਜਾਂਦਾ ਹੈ।
28933	665	ਮਿਲਿ ਪ੍ਰੀਤਮ ਸਾਚੇ ਗੁਣ ਗਾਵਾ॥		Mil Preetham Saachae Gun Gaavaa ||	Meeting with my Beloved, I sing the Glorious Praises of the True Lord.	(ਜੇ ਪ੍ਰਭੂ ਦੀ ਮੇਹਰ ਹੋਵੇ, ਤਾਂ) ਮੈਂ ਪ੍ਰੀਤਮ-ਗੁਰੂ ਨੂੰ ਮਿਲ ਕੇ ਸਦਾ-ਥਿਰ ਪ੍ਰਭੂ ਦੇ ਗੀਤ ਗਾ ਸਕਦਾ ਹਾਂ।
28934	665	ਨਾਨਕ ਸਾਚੇ ਸਾਚਾ ਭਾਵਾ॥੪॥੫॥		Naanak Saachae Saachaa Bhaavaa ||4||5||	O Nanak, becoming truthful, I have become pleasing to the True Lord. ||4||5||	ਹੇ ਨਾਨਕ! (ਆਖ-) ਸਦਾ-ਥਿਰ ਪ੍ਰਭੂ ਦਾ ਨਾਮ ਜਪ ਜਪ ਕੇ ਸਦਾ-ਥਿਰ ਪ੍ਰਭੂ ਨੂੰ ਪਿਆਰਾ ਲੱਗ ਸਕਦਾ ਹਾਂ ॥੪॥੫॥
28935	665	ਧਨਾਸਰੀ ਮਹਲਾ ੩॥		Dhhanaasaree Mehalaa 3 ||	Dhanaasaree, Third Mehl:	
28936	665	ਮਨੁ ਮਰੈ ਧਾਤੁ ਮਰਿ ਜਾਇ॥		Man Marai Dhhaath Mar Jaae ||	When the mind is conquered, its turbulent wanderings are stopped.	(ਹੇ ਭਾਈ! ਉਸ ਹਰਿ-ਨਾਮ ਦੀ ਬਰਕਤਿ ਨਾਲ ਮਨੁੱਖ ਦਾ) ਮਨ ਵਿਕਾਰਾਂ ਦਾ ਅਸਰ ਨਹੀਂ ਕਬੂਲਦਾ, ਮਨ ਦੀ ਤ੍ਰਿਸ਼ਨਾ ਮੁੱਕ ਜਾਂਦੀ ਹੈ।
28937	665	ਬਿਨੁ ਮਨ ਮੂਏ ਕੈਸੇ ਹਰਿ ਪਾਇ॥		Bin Man Mooeae Kaisae Har Paae ||	Without conquering the mind, how can the Lord be found?	ਜਦ ਤਕ ਮਨ ਵਿਕਾਰਾਂ ਵਲੋਂ ਅਛੋਹ ਨਹੀਂ ਹੁੰਦਾ, ਮਨੁੱਖ ਪਰਮਾਤਮਾ ਦਾ ਮਿਲਾਪ ਪ੍ਰਾਪਤ ਨਹੀਂ ਕਰ ਸਕਦਾ।

28938	665	ਇਹੁ ਮਨੁ ਮਰੈ ਦਾਰੂ ਜਾਣੈ ਕੋਇ॥		Eihu Man Marai Dhaaroo Jaanai Koe ||	Rare is the one who knows the medicine to conquer the mind.	ਹੇ ਭਾਈ! ਕੋਈ ਵਿਰਲਾ ਮਨੁੱਖ ਉਹ ਦਵਾਈ ਜਾਣਦਾ ਹੈ, ਜਿਸ ਦੇ ਵਰਤਣ ਨਾਲ ਇਹ ਮਨ ਵਿਕਾਰਾਂ ਦਾ ਅਸਰ ਕਬੂਲਣੋਂ ਹਟ ਜਾਏ।
28939	665	ਮਨੁ ਸਬਦਿ ਮਰੈ ਬੂਝੈ ਜਨੁ ਸੋਇ॥੧॥	ਬੂੱਝੈ	Man Sabadh Marai Boojhai Jan Soe ||1||	The mind is conquered through the Word of the Shabad; this is known to the Lord's humble servant. ||1||	(ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ) ਉਹ ਮਨੁੱਖ ਸਮਝ ਲੈਂਦਾ ਹੈ ਕਿ ਗੁਰੂ ਦੇ ਸ਼ਬਦ ਵਿਚ ਜੁੜਿਆਂ ਮਨ ਵਿਕਾਰਾਂ ਵਲੋਂ ਅਛੋਹ ਹੋ ਜਾਂਦਾ ਹੈ ॥੧॥
28940	665	ਜਿਸ ਨੋ ਬਖਸੇ ਹਰਿ ਦੇ ਵਡਿਆਈ॥		Jis No Bakhasae Har Dhae Vaddiaaee ||	The Lord forgives him, and blesses him with glory.	ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਬਖ਼ਸ਼ਸ਼ ਕਰਦਾ ਹੈ, ਜਿਸ ਨੂੰ ਇੱਜ਼ਤ ਦੇਂਦਾ ਹੈ,
28941	665	ਗੁਰ ਪਰਸਾਦਿ ਵਸੈ ਮਨਿ ਆਈ॥ਰਹਾਉ॥		Gur Parasaadh Vasai Man Aaee || Rehaao ||	By Guru's Grace, the Lord comes to dwell in the mind. ||Pause||	ਉਸ ਮਨੁੱਖ ਦੇ ਮਨ ਵਿਚ ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਦਾ ਨਾਮ) ਆ ਵੱਸਦਾ ਹੈ ਰਹਾਉ॥
28942	665	ਗੁਰਮੁਖਿ ਕਰਣੀ ਕਾਰ ਕਮਾਵੈ॥		Guramukh Karanee Kaar Kamaavai ||	The Gurmukh does good deeds,	ਹੇ ਭਾਈ! ਜਦੋਂ ਮਨੁੱਖ ਗੁਰੂ ਦੀ ਸਰਨ ਪੈ ਕੇ (ਗੁਰੂ ਵਲੋਂ ਮਿਲੀ) ਕਰਨ-ਜੋਗ ਕਾਰ ਕਰਨੀ ਸ਼ੁਰੂ ਕਰ ਦੇਂਦਾ ਹੈ,
28943	665	ਤਾ ਇਸੁ ਮਨ ਕੀ ਸੋਝੀ ਪਾਵੈ॥		Thaa Eis Man Kee Sojhee Paavai ||	And so, he comes to understand this mind.	ਤਦੋਂ ਉਸ ਨੂੰ ਇਸ ਮਨ (ਨੂੰ ਵੱਸ ਵਿਚ ਰੱਖਣ) ਦੀ ਸਮਝ ਆ ਜਾਂਦੀ ਹੈ।

28944	665	ਮਨੁ ਮੈ ਮਤੁ ਮੈਗਲ ਮਿਕਦਾਰਾ॥	(ਮੈ) ਸ਼ਰਾਬ। (ਮਤੁ) ਨਸ਼ਾ। (ਮੈਗਲ) ਹਾਥੀ (ਮਿਕਦਾਰਾ) ਸਮਾਨ। ਮੈ ਬਿੰਦੀ ਨਹੀਂ ਲਾਉਣੀ	Man Mai Math Maigal Mikadhaaraa ||	The mind is intoxicated, like the elephant with wine.	(ਤਦੋਂ ਮਨੁੱਖ ਸਮਝ ਲੈਂਦਾ ਹੈ ਕਿ) ਮਨ (ਹਉਮੈ ਦੇ) ਨਸ਼ੇ ਵਿਚ ਮਸਤ ਹੋ ਕੇ (ਮਸਤ) ਹਾਥੀ ਵਰਗਾ ਹੋਇਆ ਰਹਿੰਦਾ ਹੈ,
28945	665	ਗੁਰੁ ਅੰਕਸੁ ਮਾਰਿ ਜੀਵਾਲਣਹਾਰਾ॥੨॥	(ਅੰਕਸੁ) ਕੁੰਡਾ	Gur Ankas Maar Jeevaalanehaaraa ||2||	The Guru places the harness upon it, and rejuvenates it. ||2||	ਗੁਰੂ ਹੀ (ਆਪਣੇ ਸ਼ਬਦ ਦਾ) ਕੁੰਡਾ ਵਰਤ ਕੇ (ਵਿਕਾਰਾਂ ਵਿਚ ਆਤਮਕ ਮੌਤੇ ਮਰੇ ਹੋਏ ਮਨ ਨੂੰ) ਆਤਮਕ ਜੀਵਨ ਦੇਣ ਦੀ ਸਮਰਥਾ ਰੱਖਦਾ ਹੈ ॥੨॥
28946	665	ਮਨੁ ਅਸਾਧੁ ਸਾਧੈ ਜਨੁ ਕੋਈ॥		Man Asaadhh Saadhhai Jan Koee ||	The mind is undisciplined; only a rare few can discipline it.	ਹੇ ਭਾਈ! ਇਹ ਮਨ ਬੜੀ ਮੁਸ਼ਕਿਲ ਨਾਲ ਵੱਸ ਵਿਚ ਆਉਂਦਾ ਹੈ, ਕੋਈ ਵਿਰਲਾ ਮਨੁੱਖ ਇਸ ਨੂੰ ਵੱਸ ਵਿਚ ਲਿਆਉਂਦਾ ਹੈ।
28947	665	ਅਚਰੁ ਚਰੈ ਤਾ ਨਿਰਮਲੁ ਹੋਈ॥	ਅ-ਚਰੁ	Achar Charai Thaa Niramal Hoee ||	If someone eats the uneatable, then he becomes immaculate.	ਜਦੋਂ ਮਨੁੱਖ (ਗੁਰੂ ਦੀ ਸਰਨ ਪੈ ਕੇ ਮਨ ਦੇ) ਅਸਾਧ ਰੋਗ (ਕਾਮਾਦਿਕ) ਨੂੰ ਮੁਕਾ ਲੈਂਦਾ ਹੈ, ਤਦੋਂ (ਇਸ ਦਾ ਮਨ) ਪਵਿੱਤਰ ਹੋ ਜਾਂਦਾ ਹੈ।
28948	665	ਗੁਰਮੁਖਿ ਇਹੁ ਮਨੁ ਲਇਆ ਸਵਾਰਿ॥		Guramukh Eihu Man Laeiaa Savaar ||	As Gurmukh, his mind is embellished.	ਗੁਰੂ ਦੀ ਸਰਨ ਪਏ ਰਹਿਣ ਵਾਲਾ ਮਨੁੱਖ ਇਸ ਮਨ ਨੂੰ ਸੋਹਣਾ ਬਣਾ ਲੈਂਦਾ ਹੈ,
28949	665	ਹਉਮੈ ਵਿਚਹੁ ਤਜੈ ਵਿਕਾਰ॥੩॥		Houmai Vichahu Thajai Vikaar ||3||	Egotism and corruption are eradicated from within. ||3||	ਤੇ ਆਪਣੇ ਅੰਦਰੋਂ ਹਉਮੈ ਆਦਿਕ ਵਿਕਾਰਾਂ ਨੂੰ ਕੱਢ ਦੇਂਦਾ ਹੈ ॥੩॥

28950	665	ਜੋ ਧੁਰਿ ਰਖਿਅਨੁ ਮੇਲਿ ਮਿਲਾਇ॥		Jo Dhhur Rakhian Mael Milaae ||	Those whom the Primal Lord keeps united in His Union,	ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਉਸ (ਪਰਮਾਤਮਾ) ਨੇ ਧੁਰ ਤੋਂ ਹੀ ਆਪਣੇ ਚਰਨਾਂ ਵਿਚ ਜੋੜ ਰੱਖਿਆ ਹੈ,
28951	665	ਕਦੇ ਨ ਵਿਛੁੜਹਿ ਸਬਦਿ ਸਮਾਇ॥		Kadhae N Vishhurrehi Sabadh Samaae ||	Shall never be separated from Him; they are merged in the Word of the Shabad.	ਉਹ ਗੁਰੂ ਦੇ ਸ਼ਬਦ ਵਿਚ ਲੀਨ ਰਹਿ ਕੇ ਕਦੇ ਭੀ (ਪ੍ਰਭੂ ਤੋਂ) ਨਹੀਂ ਵਿਛੁੜਦੇ।
28952	665	ਆਪਣੀ ਕਲਾ ਆਪੇ ਪ੍ਰਭੁ ਜਾਣੈ॥		Aapanee Kalaa Aapae Prabh Jaanai ||	Only God Himself knows His own power.	ਪਰ, ਹੇ ਭਾਈ! ਪ੍ਰਭੂ ਆਪ ਹੀ ਆਪਣੀ ਗੁੱਝੀ ਤਾਕਤ ਜਾਣਦਾ ਹੈ (ਕਿ ਕਿਸ ਨੂੰ ਉਹ ਆਪਣੇ ਨਾਲ ਜੋੜੀ ਰੱਖਦਾ ਹੈ)।
28953	665	ਨਾਨਕ ਗੁਰਮੁਖਿ ਨਾਮੁ ਪਛਾਣੈ॥੪॥੬॥		Naanak Guramukh Naam Pashhaanai ||4||6||	O Nanak, the Gurmukh realizes the Naam, the Name of the Lord. ||4||6||	ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪਰਮਾਤਮਾ ਦੇ ਨਾਮ ਨਾਲ ਸਾਂਝ ਬਣਾਈ ਰੱਖਦਾ ਹੈ ॥੪॥੬॥
28954	665	ਧਨਾਸਰੀ ਮਹਲਾ ੩॥		Dhhanaasaree Mehalaa 3 ||	Dhanaasaree, Third Mehl:	
28955	665	ਕਾਚਾ ਧਨੁ ਸੰਚਹਿ ਮੂਰਖ ਗਾਵਾਰ॥		Kaachaa Dhhan Sanchehi Moorakh Gaavaar ||	The ignorant fools amass false wealth.	ਹੇ ਭਾਈ! ਮੂਰਖ ਅੰਞਾਣ ਲੋਕ (ਸਿਰਫ਼ ਦੁਨੀਆ ਵਾਲਾ) ਨਾਸਵੰਤ ਧਨ (ਹੀ) ਜੋੜਦੇ ਰਹਿੰਦੇ ਹਨ।

28956	665	ਮਨਮੁਖ ਭੂਲੇ ਅੰਧ ਗਾਵਾਰ॥		Manamukh Bhoolae Andhh Gaavaar ||	The blind, foolish, self-willed manmukhs have gone astray.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ, ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਹੋਏ ਮਨੁੱਖ ਕੁਰਾਹੇ ਪਏ ਰਹਿੰਦੇ ਹਨ।
28957	665	ਬਿਖਿਆ ਕੈ ਧਨਿ ਸਦਾ ਦੁਖੁ ਹੋਇ॥		Bikhiaa Kai Dhhan Sadhaa Dhukh Hoe ||	Poisonous wealth brings constant pain.	ਹੇ ਭਾਈ! ਮਾਇਆ ਦੇ ਧਨ ਨਾਲ ਸਦਾ ਦੁੱਖ (ਹੀ) ਮਿਲਦਾ ਹੈ।
28958	665	ਨਾ ਸਾਥਿ ਜਾਇ ਨ ਪਰਾਪਤਿ ਹੋਇ॥੧॥		Naa Saathh Jaae N Paraapath Hoe ||1||	It will not go with you, and it will not yield any profit. ||1||	ਇਹ ਧਨ ਨਾਹ ਹੀ ਮਨੁੱਖ ਦੇ ਨਾਲ ਜਾਂਦਾ ਹੈ, ਅਤੇ, ਨਾਹ ਹੀ (ਇਸ ਨੂੰ ਜੋੜ ਜੋੜ ਕੇ) ਸੰਤੋਖ ਪ੍ਰਾਪਤ ਹੁੰਦਾ ਹੈ ॥੧॥
28959	665	ਸਾਚਾ ਧਨੁ ਗੁਰਮਤੀ ਪਾਏ॥		Saachaa Dhhan Guramathee Paaeae ||	True wealth is obtained through the Guru's Teachings.	ਜੇਹੜਾ ਮਨੁੱਖ ਗੁਰੂ ਦੀ ਮਤਿ ਉਤੇ ਤੁਰਦਾ ਹੈ, ਉਹ ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ-ਧਨ ਹਾਸਲ ਕਰ ਲੈਂਦਾ ਹੈ।
28960	665	ਕਾਚਾ ਧਨੁ ਫੁਨਿ ਆਵੈ ਜਾਏ॥ਰਹਾਉ॥		Kaachaa Dhhan Fun Aavai Jaaeae || Rehaao ||	False wealth continues coming and going. ||Pause||	(ਪਰ ਦੁਨੀਆ ਵਾਲਾ) ਨਾਸਵੰਤ ਧਨ ਕਦੇ ਮਨੁੱਖ ਨੂੰ ਮਿਲ ਜਾਂਦਾ ਹੈ ਕਦੇ ਹੱਥੋਂ ਨਿਕਲ ਜਾਂਦਾ ਹੈ ਰਹਾਉ॥
28961	665	ਮਨਮੁਖਿ ਭੂਲੇ ਸਭਿ ਮਰਹਿ ਗਵਾਰ॥		Manamukh Bhoolae Sabh Marehi Gavaar ||	The foolish self-willed manmukhs all go astray and die.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮੂਰਖ ਮਨੁੱਖ (ਮਾਇਆ ਦੇ ਮੋਹ ਦੇ ਕਾਰਨ) ਕੁਰਾਹੇ ਪੈ ਕੇ ਸਭ ਆਤਮਕ ਮੌਤ ਸਹੇੜ ਲੈਂਦੇ ਹਨ,

28962	665	ਭਵਜਲਿ ਡੂਬੇ ਨ ਉਰਵਾਰਿ ਨ ਪਾਰਿ॥		Bhavajal Ddoobae N Ouravaar N Paar ||	They drown in the terrifying world-ocean, and they cannot reach either this shore, or the one beyond.	ਸੰਸਾਰ-ਸਮੁੰਦਰ ਵਿਚ ਡੁੱਬ ਜਾਂਦੇ ਹਨ, ਨਾਹ ਉਰਲੇ ਬੰਨੇ ਰਹਿੰਦੇ ਹਨ, ਨਾਹ ਪਾਰਲੇ ਬੰਨੇ (ਨਾਹ ਇਹ ਮਾਇਆ ਸਾਥ ਤੋੜ ਨਿਬਾਹੁੰਦੀ ਹੈ, ਨਾਹ ਨਾਮ-ਧਨ ਜੋੜਿਆ ਹੁੰਦਾ ਹੈ)।
28963	665	ਸਤਿਗੁਰੁ ਭੇਟੇ ਪੂਰੈ ਭਾਗਿ॥		Sathigur Bhaettae Poorai Bhaag ||	But by perfect destiny, they meet the True Guru;	ਜਿਨ੍ਹਾਂ ਮਨੁੱਖਾਂ ਨੂੰ ਪੂਰੀ ਕਿਸਮਤ ਨਾਲ ਗੁਰੂ ਮਿਲ ਪੈਂਦਾ ਹੈ,
28964	665	ਸਾਚਿ ਰਤੇ ਅਹਿ ਨਿਸਿ ਬੈਰਾਗਿ॥੨॥		Saach Rathae Ahinis Bairaag ||2||	Imbued with the True Name, day and night, they remain detached from the world. ||2||	ਉਹ ਦਿਨ ਰਾਤ (ਹਰ ਵੇਲੇ) ਸਦਾ-ਥਿਰ ਹਰਿ-ਨਾਮ ਵਿਚ ਮਗਨ ਰਹਿੰਦੇ ਹਨ (ਨਾਮ ਦੀ ਬਰਕਤਿ ਨਾਲ ਮਾਇਆ ਵਲੋਂ) ਉਪਰਾਮਤਾ ਵਿਚ ਟਿਕੇ ਰਹਿੰਦੇ ਹਨ ॥੨॥
28965	665	ਚਹੁ ਜੁਗ ਮਹਿ ਅੰਮ੍ਰਿਤੁ ਸਾਚੀ ਬਾਣੀ॥		Chahu Jug Mehi Anmrith Saachee Baanee ||	Throughout the four ages, the True Bani of His Word is Ambrosial Nectar.	ਹੇ ਭਾਈ! ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੀ ਗੁਰਬਾਣੀ ਸਦਾ ਹੀ ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਵੰਡਦੀ ਹੈ),
28966	665	ਪੂਰੈ ਭਾਗਿ ਹਰਿ ਨਾਮਿ ਸਮਾਣੀ॥		Poorai Bhaag Har Naam Samaanee ||	By perfect destiny, one is absorbed in the True Name.	ਪੂਰੀ ਕਿਸਮਤ ਨਾਲ (ਮਨੁੱਖ ਇਸ ਬਾਣੀ ਦੀ ਬਰਕਤਿ ਨਾਲ) ਪਰਮਾਤਮਾ ਦੇ ਨਾਮ ਵਿਚ ਲੀਨ ਹੋ ਜਾਂਦਾ ਹੈ।

28967	665	ਸਿਧ ਸਾਧਿਕ ਤਰਸਹਿ ਸਭਿ ਲੋਇ॥	(ਲੋਇ) ਜਗਤ	Sidhh Saadhhik Tharasehi Sabh Loe ||	The Siddhas, the seekers and all men long for the Name.	ਹੇ ਭਾਈ! ਕਰਾਮਾਤੀ ਜੋਗੀ ਤੇ ਸਾਧਨਾਂ ਕਰਨ ਵਾਲੇ ਜੋਗੀ ਸਾਰੇ ਹੀ ਜਗਤ ਵਿਚ (ਇਸ ਬਾਣੀ ਦੀ ਖ਼ਾਤਰ) ਤਰਲੇ ਲੈਂਦੇ ਹਨ,
28968	665	ਪੂਰੈ ਭਾਗਿ ਪਰਾਪਤਿ ਹੋਇ॥੩॥		Poorai Bhaag Paraapath Hoe ||3||	It is obtained only by perfect destiny. ||3||	ਪਰ (ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੀ ਗੁਰਬਾਣੀ) ਪੂਰੀ ਕਿਸਮਤ ਨਾਲ ਹੀ ਮਿਲਦੀ ਹੈ ॥੩॥
28969	665	ਸਭੁ ਕਿਛੁ ਸਾਚਾ ਸਾਚਾ ਹੈ ਸੋਇ॥		Sabh Kishh Saachaa Saachaa Hai Soe ||	The True Lord is everything; He is True.	ਹੇ ਭਾਈ! ਜੇਹੜਾ ਕੋਈ ਵਿਰਲਾ ਮਨੁੱਖ ਪਵਿੱਤ੍ਰ-ਸਰੂਪ ਪਰਮਾਤਮਾ ਨਾਲ ਸਾਂਝ ਪਾਂਦਾ ਹੈ ਉਸ ਨੂੰ ਹਰੇਕ ਸ਼ੈ ਉਸ ਸਦਾ-ਥਿਰ ਪ੍ਰਭੂ ਦਾ ਰੂਪ ਦਿੱਸਦੀ ਹੈ,
28970	665	ਊਤਮ ਬ੍ਰਹਮੁ ਪਛਾਣੈ ਕੋਇ॥		Ootham Breham Pashhaanai Koe ||	Only a few realize the exalted Lord God.	ਉਸ ਨੂੰ ਹਰ ਥਾਂ ਉਹ ਸਦਾ-ਥਿਰ ਪ੍ਰਭੂ ਹੀ ਵੱਸਦਾ ਦਿੱਸਦਾ ਹੈ।
28971	665	ਸਚੁ ਸਾਚਾ ਸਚੁ ਆਪਿ ਦ੍ਰਿੜਾਏ॥		Sach Saachaa Sach Aap Dhrirraaeae ||	He is the Truest of the True; He Himself implants the True Name within.	ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਆਪਣਾ ਸਦਾ-ਥਿਰ ਨਾਮ ਆਪ ਹੀ (ਮਨੁੱਖ ਦੇ ਹਿਰਦੇ ਵਿਚ) ਪੱਕਾ ਕਰਦਾ ਹੈ।
28972	666	ਨਾਨਕ ਆਪੇ ਵੇਖੈ ਆਪੇ ਸਚਿ ਲਾਏ॥੪॥੭॥		Naanak Aapae Vaekhai Aapae Sach Laaeae ||4||7||	O Nanak, the Lord Himself sees all; He Himself links us to the Truth. ||4||7||	ਹੇ ਨਾਨਕ! ਉਹ ਆਪ ਹੀ (ਸਭ ਦੀ) ਸੰਭਾਲ ਕਰਦਾ ਹੈ, ਤੇ, ਆਪ ਹੀ (ਜੀਵਾਂ ਨੂੰ) ਆਪਣੇ ਸਦਾ-ਥਿਰ ਨਾਮ ਵਿਚ ਜੋੜਦਾ ਹੈ ॥੪॥੭॥

28973	666	ਧਨਾਸਰੀ ਮਹਲਾ ੩॥		Dhhanaasaree Mehalaa 3 ||	Dhanaasaree, Third Mehl:	
28974	666	ਨਾਵੈ ਕੀ ਕੀਮਤਿ ਮਿਤਿ ਕਹੀ ਨ ਜਾਇ॥		Naavai Kee Keemath Mith Kehee N Jaae ||	The value and worth of the Lord's Name cannot be described.	ਹੇ ਭਾਈ! ਇਹ ਨਹੀਂ ਦੱਸਿਆ ਜਾ ਸਕਦਾ ਕਿ ਪਰਮਾਤਮਾ ਦਾ ਨਾਮ ਕਿਸ ਮੁੱਲ ਤੋਂ ਮਿਲ ਸਕਦਾ ਹੈ ਅਤੇ ਇਹ ਨਾਮ ਕਿਤਨੀ ਤਾਕਤ ਵਾਲਾ ਹੈ।
28975	666	ਸੇ ਜਨ ਧੰਨੁ ਜਿਨ ਇਕ ਨਾਮਿ ਲਿਵ ਲਾਇ॥		Sae Jan Dhhann Jin Eik Naam Liv Laae ||	Blessed are those humble beings, who lovingly focus their minds on the Naam, the Name of the Lord.	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜੀ ਹੋਈ ਹੈ ਉਹ ਭਾਗਾਂ ਵਾਲੇ ਹਨ।
28976	666	ਗੁਰਮਤਿ ਸਾਚੀ ਸਾਚਾ ਵੀਚਾਰੁ॥		Guramath Saachee Saachaa Veechaar ||	True are the Guru's Teachings, and True is contemplative meditation.	ਜੇਹੜਾ ਮਨੁੱਖ ਕਦੇ ਉਕਾਈ ਨਾਹ ਖਾਣ ਵਾਲੀ ਗੁਰੂ ਦੀ ਮਤਿ ਗ੍ਰਹਣ ਕਰਦਾ ਹੈ, ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਗੁਣਾਂ ਦੀ ਵਿਚਾਰ (ਆਪਣੇ ਅੰਦਰ) ਵਸਾਂਦਾ ਹੈ।
28977	666	ਆਪੇ ਬਖਸੇ ਦੇ ਵੀਚਾਰੁ॥੧॥		Aapae Bakhasae Dhae Veechaar ||1||	God Himself forgives, and bestows contemplative meditation. ||1||	ਪਰ ਇਹ ਵਿਚਾਰ ਪ੍ਰਭੂ ਉਸ ਨੂੰ ਹੀ ਦੇਂਦਾ ਹੈ ਜਿਸ ਉਤੇ ਆਪ ਹੀ ਬਖ਼ਸ਼ਸ਼ ਕਰਦਾ ਹੈ ॥੧॥
28978	666	ਹਰਿ ਨਾਮੁ ਅਚਰਜੁ ਪ੍ਰਭੁ ਆਪਿ ਸੁਣਾਏ॥	ਅ-ਚਰਜੁ	Har Naam Acharaj Prabh Aap Sunaaeae ||	The Lord's Name is wonderful! God Himself imparts it.	ਹੇ ਭਾਈ! ਪਰਮਾਤਮਾ ਦਾ ਨਾਮ ਹੈਰਾਨ ਕਰਨ ਵਾਲੀ ਤਾਕਤ ਵਾਲਾ ਹੈ। (ਪਰ ਇਹ ਨਾਮ) ਪ੍ਰਭੂ ਆਪ ਹੀ (ਕਿਸੇ ਵਡ-ਭਾਗੀ ਨੂੰ) ਸੁਣਾਂਦਾ ਹੈ।

28979	666	ਕਲੀ ਕਾਲ ਵਿਚਿ ਗੁਰਮੁਖਿ ਪਾਏ॥੧॥ਰਹਾਉ॥		Kalee Kaal Vich Guramukh Paaeae ||1|| Rehaao ||	In the Dark Age of Kali Yuga, the Gurmukhs obtain it. ||1||Pause||	ਇਸ ਝਗੜਿਆਂ-ਭਰੇ ਜੀਵਨ-ਸਮੇ ਵਿਚ ਉਹੀ ਮਨੁੱਖ ਹਰਿ-ਨਾਮ ਪ੍ਰਾਪਤ ਕਰਦਾ ਹੈ ਜੋ ਗੁਰੂ ਦੇ ਸਨਮੁਖ ਰਹਿੰਦਾ ਹੈ ॥੧॥ ਰਹਾਉ ॥
28980	666	ਹਮ ਮੂਰਖ ਮੂਰਖ ਮਨ ਮਾਹਿ॥		Ham Moorakh Moorakh Man Maahi ||	We are ignorant; ignorance fills our minds.	ਹੇ ਭਾਈ! (ਜੇ ਅਸੀਂ ਆਪਣੇ) ਮਨ ਵਿਚ (ਗਹੁ ਨਾਲ ਵਿਚਾਰੀਏ ਤਾਂ ਇਸ ਹਉਮੈ ਦੇ ਕਾਰਨ) ਅਸੀਂ ਨਿਰੋਲ ਮੂਰਖ ਹਾਂ।
28981	666	ਹਉਮੈ ਵਿਚਿ ਸਭ ਕਾਰ ਕਮਾਹਿ॥		Houmai Vich Sabh Kaar Kamaahi ||	We do all our deeds in ego.	ਕਿਉਂਕਿ ਅਸੀਂ ਜੀਵ (ਆਪਣਾ) ਹਰੇਕ ਕੰਮ ਹਉਮੈ ਦੇ ਆਸਰੇ ਹੀ ਕਰਦੇ ਹਾਂ,
28982	666	ਗੁਰ ਪਰਸਾਦੀ ਹੰਉਮੈ ਜਾਇ॥		Gur Parasaadhee Hanoumai Jaae ||	By Guru's Grace, egotism is eradicated.	ਇਹ ਹਉਮੈ (ਸਾਡੇ ਅੰਦਰੋਂ) ਗੁਰੂ ਦੀ ਕਿਰਪਾ ਨਾਲ ਹੀ ਦੂਰ ਹੋ ਸਕਦੀ ਹੈ।
28983	666	ਆਪੇ ਬਖਸੇ ਲਏ ਮਿਲਾਇ॥੨॥		Aapae Bakhasae Leae Milaae ||2||	Forgiving us, the Lord blends us with Himself. ||2||	(ਗੁਰੂ ਭੀ ਉਸੇ ਨੂੰ) ਮਿਲਾਂਦਾ ਹੈ ਜਿਸ ਉਤੇ ਪ੍ਰਭੂ ਆਪ ਹੀ ਮੇਹਰ ਕਰਦਾ ਹੈ ॥੨॥
28984	666	ਬਿਖਿਆ ਕਾ ਧਨੁ ਬਹੁਤੁ ਅਭਿਮਾਨੁ॥		Bikhiaa Kaa Dhhan Bahuth Abhimaan ||	Poisonous wealth gives rise to great arrogance.	(ਹੇ ਭਾਈ! ਇਹ ਦੁਨੀਆ ਵਾਲਾ) ਮਾਇਆ ਦਾ ਧਨ (ਮਨੁੱਖ ਦੇ ਮਨ ਵਿਚ) ਬੜਾ ਅਹੰਕਾਰ (ਪੈਦਾ ਕਰਦਾ ਹੈ)।
28985	666	ਅਹੰਕਾਰਿ ਡੂਬੈ ਨ ਪਾਵੈ ਮਾਨੁ॥	ਅਹੰ-ਕਾਰਿ	Ahankaar Ddoobai N Paavai Maan ||	Drowning in egotism, no one is honored.	ਤੇ, ਜੇਹੜਾ ਮਨੁੱਖ ਅਹੰਕਾਰ ਵਿਚ ਡੁੱਬਾ ਰਹਿੰਦਾ ਹੈ ਉਹ (ਪ੍ਰਭੂ ਦੀ ਹਜ਼ੂਰੀ ਵਿਚ) ਆਦਰ ਨਹੀਂ ਪਾਂਦਾ।

28986	666	ਆਪੁ ਛੋਡਿ ਸਦਾ ਸੁਖੁ ਹੋਈ॥		Aap Shhodd Sadhaa Sukh Hoee ||	Forsaking self-conceit, one finds lasting peace.	ਹੇ ਭਾਈ! ਆਪਾ-ਭਾਵ ਛੱਡ ਕੇ ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ।
28987	666	ਗੁਰਮਤਿ ਸਾਲਾਹੀ ਸਚੁ ਸੋਈ॥੩॥		Guramath Saalaahee Sach Soee ||3||	Under Guru's Instruction, he praises the True Lord. ||3||	ਹੇ ਭਾਈ! ਮੈਂ ਤਾਂ ਗੁਰੂ ਦੀ ਮਤਿ ਲੈ ਕੇ ਉਸ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹਾਂ ॥੩॥
28988	666	ਆਪੇ ਸਾਜੇ ਕਰਤਾ ਸੋਇ॥		Aapae Saajae Karathaa Soe ||	The Creator Lord Himself fashions all.	ਹੇ ਭਾਈ! ਉਹ ਕਰਤਾਰ ਆਪ ਹੀ (ਸਾਰੀ ਸ੍ਰਿਸ਼ਟੀ ਨੂੰ) ਪੈਦਾ ਕਰਦਾ ਹੈ,
28989	666	ਤਿਸੁ ਬਿਨੁ ਦੂਜਾ ਅਵਰੁ ਨ ਕੋਇ॥		This Bin Dhoojaa Avar N Koe ||	Without Him, there is no other at all.	ਉਸ ਤੋਂ ਬਿਨਾ ਕੋਈ ਹੋਰ (ਇਹੋ ਜਿਹੀ ਅਵਸਥਾ ਵਾਲਾ) ਨਹੀਂ ਹੈ।
28990	666	ਜਿਸੁ ਸਚਿ ਲਾਏ ਸੋਈ ਲਾਗੈ॥		Jis Sach Laaeae Soee Laagai ||	He alone is attached to Truth, whom the Lord Himself so attaches.	ਉਹ ਕਰਤਾਰ ਜਿਸ ਮਨੁੱਖ ਨੂੰ (ਆਪਣੇ) ਸਦਾ-ਥਿਰ ਨਾਮ ਵਿਚ ਜੋੜਦਾ ਹੈ, ਉਹੀ ਮਨੁੱਖ (ਨਾਮ-ਸਿਮਰਨ ਵਿਚ) ਲੱਗਦਾ ਹੈ।
28991	666	ਨਾਨਕ ਨਾਮਿ ਸਦਾ ਸੁਖੁ ਆਗੈ॥੪॥੮॥		Naanak Naam Sadhaa Sukh Aagai ||4||8||	O Nanak, through the Naam, lasting peace is attained in the hereafter. ||4||8||	ਹੇ ਨਾਨਕ! ਜੇਹੜਾ ਮਨੁੱਖ ਨਾਮ ਵਿਚ ਲੱਗਦਾ ਹੈ ਉਸ ਨੂੰ ਸਦਾ ਹੀ ਆਤਮਕ ਆਨੰਦ ਬਣਿਆ ਰਹਿੰਦਾ ਹੈ (ਇਸ ਲੋਕ ਵਿਚ ਭੀ, ਤੇ) ਪਰਲੋਕ ਵਿਚ ਭੀ ॥੪॥੮॥
28992	666	ਰਾਗੁ ਧਨਾਸਿਰੀ ਮਹਲਾ ੩ ਘਰੁ ੪		Raag Dhhanaasiree Mehalaa 3 Ghar 4	Raag Dhanaasaree, Third Mehl, Fourth House:	ਰਾਗ ਧਨਾਸਰੀ, ਘਰ ੪ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।

28993	666	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
28994	666	ਹਮ ਭੀਖਕ ਭੇਖਾਰੀ ਤੇਰੇ ਤੂ ਨਿਜ ਪਤਿ ਹੈ ਦਾਤਾ॥		Ham Bheekhak Bhaekhaaree Thaerae Thoo Nij Path Hai Dhaathaa ||	I am just a poor beggar of Yours; You are Your Own Lord Master, You are the Great Giver.	ਹੇ ਪ੍ਰਭੂ! ਅਸੀਂ ਜੀਵ ਤੇਰੇ (ਦਰ ਦੇ) ਮੰਗਤੇ ਹਾਂ, ਤੂੰ ਸੁਤੰਤਰ ਰਹਿ ਕੇ ਸਭ ਨੂੰ ਦਾਤਾਂ ਦੇਣ ਵਾਲਾ ਹੈਂ।
28995	666	ਹੋਹੁ ਦੈਆਲ ਨਾਮੁ ਦੇਹੁ ਮੰਗਤ ਜਨ ਕੰਉ ਸਦਾ ਰਹਉ ਰੰਗਿ ਰਾਤਾ॥੧॥		Hohu Dhaiaal Naam Dhaehu Mangath Jan Kano Sadhaa Reho Rang Raathaa ||1||	Be Merciful, and bless me, a humble beggar, with Your Name, so that I may forever remain imbued with Your Love. ||1||	ਹੇ ਪ੍ਰਭੂ! ਮੇਰੇ ਉਤੇ ਦਇਆਵਾਨ ਹੋ। ਮੈਨੂੰ ਮੰਗਤੇ ਨੂੰ ਆਪਣਾ ਨਾਮ ਦੇਹ (ਤਾ ਕਿ) ਮੈਂ ਸਦਾ ਤੇਰੇ ਪ੍ਰੇਮ-ਰੰਗ ਵਿਚ ਰੰਗਿਆ ਰਹਾਂ ॥੧॥
28996	666	ਹੰਉ ਬਲਿਹਾਰੈ ਜਾਉ ਸਾਚੇ ਤੇਰੇ ਨਾਮ ਵਿਟਹੁ॥	(ਵਿਟਹੁ) ਤੋਂ	Hano Balihaarai Jaao Saachae Thaerae Naam Vittahu ||	I am a sacrifice to Your Name, O True Lord.	ਹੇ ਪ੍ਰਭੂ! ਮੈਂ ਤੇਰੇ ਸਦਾ ਕਾਇਮ ਰਹਿਣ ਵਾਲੇ ਨਾਮ ਤੋਂ ਸਦਕੇ ਜਾਂਦਾ ਹਾਂ।
28997	666	ਕਰਣ ਕਾਰਣ ਸਭਨਾ ਕਾ ਏਕੋ ਅਵਰੁ ਨ ਦੂਜਾ ਕੋਈ॥੧॥ਰਹਾਉ॥		Karan Kaaran Sabhanaa Kaa Eaeko Avar N Dhoojaa Koee ||1|| Rehaao ||	The One Lord is the Cause of causes; there is no other at all. ||1||Pause||	ਤੂੰ ਸਾਰੇ ਜਗਤ ਦਾ ਮੂਲ ਹੈਂ; ਤੂੰ ਹੀ ਸਭ ਜੀਵਾਂ ਦਾ ਪੈਦਾ ਕਰਨ ਵਾਲਾ ਹੈਂ ਕੋਈ ਹੋਰ (ਤੇਰੇ ਵਰਗਾ) ਨਹੀਂ ਹੈ ॥੧॥ ਰਹਾਉ ॥

28998	666	ਬਹੁਤੇ ਫੇਰ ਪਏ ਕਿਰਪਨ ਕਉ ਅਬ ਕਿਛੁ ਕਿਰਪਾ ਕੀਜੈ॥	(ਕਿਰਪਨ) ਕੰਜੂਸ	Bahuthae Faer Peae Kirapan Ko Ab Kishh Kirapaa Keejai ||	I was wretched; I wandered through so many cycles of reincarnation. Now, Lord, please bless me with Your Grace.	ਹੇ ਪ੍ਰਭੂ! ਮੈਨੂੰ ਮਾਇਆ-ਵੇੜ੍ਹੇ ਨੂੰ (ਹੁਣ ਤਕ ਮਰਨ ਦੇ) ਅਨੇਕਾਂ ਗੇੜ ਪੈ ਚੁਕੇ ਹਨ, ਹੁਣ ਤਾਂ ਮੇਰੇ ਉਤੇ ਕੁਝ ਮੇਹਰ ਕਰ।
28999	666	ਹੋਹੁ ਦਇਆਲ ਦਰਸਨੁ ਦੇਹੁ ਅਪੁਨਾ ਐਸੀ ਬਖਸ ਕਰੀਜੈ॥੨॥		Hohu Dhaeiaal Dharasan Dhaehu Apunaa Aisee Bakhas Kareejai ||2||	Be merciful, and grant me the Blessed Vision of Your Darshan; please grant me such a gift. ||2||	ਹੇ ਪ੍ਰਭੂ! ਮੇਰੇ ਉਤੇ ਦਇਆਵਾਨ ਹੋ। ਮੇਰੇ ਉਤੇ ਇਹੋ ਜਿਹੀ ਬਖ਼ਸ਼ਸ਼ ਕਰ ਕਿ ਮੈਨੂੰ ਆਪਣਾ ਦੀਦਾਰ ਬਖ਼ਸ਼ ॥੨॥
29000	666	ਭਨਤਿ ਨਾਨਕ ਭਰਮ ਪਟ ਖੂਲ੍ਹੇ ਗੁਰ ਪਰਸਾਦੀ ਜਾਨਿਆ॥	(ਪਟ) ਪੜਦੇ।ਪਟ:ਪੋਲਾ ਬੋਲੋ	Bhanath Naanak Bharam Patt Khoolhae Gur Parasaadhee Jaaniaa ||	Prays Nanak, the shutters of doubt have been opened wide; by Guru's Grace, I have come to know the Lord.	ਹੇ ਭਾਈ! ਨਾਨਕ ਆਖਦਾ ਹੈ- ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੇ ਭਰਮ ਦੇ ਪਰਦੇ ਖੁਲ੍ਹ ਜਾਂਦੇ ਹਨ, ਉਸ ਦੀ (ਪਰਮਾਤਮਾ ਨਾਲ) ਡੂੰਘੀ ਸਾਂਝ ਬਣ ਜਾਂਦੀ ਹੈ।
29001	666	ਸਾਚੀ ਲਿਵ ਲਾਗੀ ਹੈ ਭੀਤਰਿ ਸਤਿਗੁਰ ਸਿਉ ਮਨੁ ਮਾਨਿਆ॥੩॥੧॥੯॥		Saachee Liv Laagee Hai Bheethar Sathigur Sio Man Maaniaa ||3||1||9||	I am filled to overflowing with true love; my mind is pleased and appeased by the True Guru. ||3||1||9||	ਉਸ ਦੇ ਹਿਰਦੇ ਵਿਚ (ਪਰਮਾਤਮਾ ਨਾਲ) ਸਦਾ ਕਾਇਮ ਰਹਿਣ ਵਾਲੀ ਲਗਨ ਲੱਗ ਜਾਂਦੀ ਹੈ, ਗੁਰੂ ਨਾਲ ਉਸ ਦਾ ਮਨ ਪਤੀਜ ਜਾਂਦਾ ਹੈ ॥੩॥੧॥੯॥

29002	666	ਧਨਾਸਰੀ ਮਹਲਾ ੪ ਘਰੁ ੧ ਚਉਪਦੇ		Dhhanaasaree Mehalaa 4 Ghar 1 Choupadhae	Dhanaasaree, Fourth Mehl, First House, Chau-Padas:	ਰਾਗ ਧਨਾਸਰੀ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
29003	666	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
29004	666	ਜੋ ਹਰਿ ਸੇਵਹਿ ਸੰਤ ਭਗਤ ਤਿਨ ਕੇ ਸਭਿ ਪਾਪ ਨਿਵਾਰੀ॥		Jo Har Saevehi Santh Bhagath Thin Kae Sabh Paap Nivaaree ||	Those Saints and devotees who serve the Lord have all their sins washed away.	ਹੇ ਪ੍ਰਭੂ! ਤੇਰੇ ਜੇਹੜੇ ਸੰਤ ਜੇਹੜੇ ਭਗਤ ਤੇਰਾ ਸਿਮਰਨ ਕਰਦੇ ਹਨ, ਤੂੰ ਉਹਨਾਂ ਦੇ (ਪਿਛਲੇ ਕੀਤੇ) ਸਾਰੇ ਪਾਪ ਦੂਰ ਕਰਨ ਵਾਲਾ ਹੈਂ।
29005	666	ਹਮ ਊਪਰਿ ਕਿਰਪਾ ਕਰਿ ਸੁਆਮੀ ਰਖੁ ਸੰਗਤਿ ਤੁਮ ਜੁ ਪਿਆਰੀ॥੧॥		Ham Oopar Kirapaa Kar Suaamee Rakh Sangath Thum J Piaaree ||1||	Have Mercy on me, O Lord and Master, and keep me in the Sangat, the Congregation that You love. ||1||	ਹੇ ਮਾਲਕ-ਪ੍ਰਭੂ! ਸਾਡੇ ਉੱਤੇ ਭੀ ਮੇਹਰ ਕਰ, (ਸਾਨੂੰ ਉਸ) ਸਾਧ ਸੰਗਤਿ ਵਿਚ ਰੱਖ ਜੇਹੜੀ ਤੈਨੂੰ ਪਿਆਰੀ ਲੱਗਦੀ ਹੈ ॥੧॥
29006	666	ਹਰਿ ਗੁਣ ਕਹਿ ਨ ਸਕਉ ਬਨਵਾਰੀ॥		Har Gun Kehi N Sako Banavaaree ||	I cannot even speak the Praises of the Lord, the Gardener of the world.	ਹੇ ਹਰੀ! ਹੇ ਪ੍ਰਭੂ! ਮੈਂ ਤੇਰੇ ਗੁਣ ਬਿਆਨ ਨਹੀਂ ਕਰ ਸਕਦਾ।

29007	666	ਹਮ ਪਾਪੀ ਪਾਥਰ ਨੀਰਿ ਡੁਬਤ ਕਰਿ ਕਿਰਪਾ ਪਾਖਣ ਹਮ ਤਾਰੀ॥ਰਹਾਉ॥		Ham Paapee Paathhar Neer Ddubath Kar Kirapaa Paakhan Ham Thaaree || Rehaao ||	We are sinners, sinking like stones in water; grant Your Grace, and carry us stones across. ||Pause||	ਅਸੀਂ ਜੀਵ ਪਾਪੀ ਹਾਂ, ਪਾਪਾਂ ਵਿਚ ਡੁੱਬੇ ਰਹਿੰਦੇ ਹਾਂ, ਜਿਵੇਂ ਪੱਥਰ ਪਾਣੀ ਵਿਚ ਡੁੱਬੇ ਰਹਿੰਦੇ ਹਨ। ਮੇਹਰ ਕਰ, ਸਾਨੂੰ ਪੱਥਰਾਂ (ਪੱਥਰ-ਦਿਲਾਂ) ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈ ਰਹਾਉ॥
29008	666	ਜਨਮ ਜਨਮ ਕੇ ਲਾਗੇ ਬਿਖੁ ਮੋਰਚਾ ਲਗਿ ਸੰਗਤਿ ਸਾਧ ਸਵਾਰੀ॥	(ਮੋਰਚਾ) ਜੰਗਾਲ	Janam Janam Kae Laagae Bikh Morachaa Lag Sangath Saadhh Savaaree ||	The rust of poison and corruption from countless incarnations sticks to us; joining the Saadh Sangat, the Company of the Holy, it is cleaned away.	ਹੇ ਭਾਈ! ਜੀਵਾਂ ਦੇ ਅਨੇਕਾਂ ਜਨਮਾਂ ਦੇ ਚੰਬੜੇ ਹੋਏ ਪਾਪਾਂ ਦਾ ਜ਼ਹਰ ਪਾਪਾਂ ਦਾ ਜੰਗਾਲ ਸਾਧ ਸੰਗਤਿ ਦੀ ਸਰਨ ਪੈ ਕੇ ਇਵੇਂ ਸੋਧਿਆ ਜਾਂਦਾ ਹੈ,
29009	666	ਜਿਉ ਕੰਚਨੁ ਬੈਸੰਤਰਿ ਤਾਇਓ ਮਲੁਕਾਟੀ ਕਟਿਤ ਉਤਾਰੀ॥੨॥	(ਮਲੁਕਾਟੀ) ਸੁਨਿਆਰਾ। ਕਟਿੱਤ:ਮਿਲਵਾਂ	Jio Kanchan Baisanthar Thaaeiou Mal Kaattee Kattith Outhaaree ||2||	It is just like gold, which is heated in the fire, to remove the impurities from it. ||2||	ਜਿਵੇਂ ਸੋਨਾ ਅੱਗ ਵਿਚ ਤਪਾਇਆਂ ਉਸ ਦੀ ਸਾਰੀ ਮੈਲ ਕੱਟੀ ਜਾਂਦੀ ਹੈ, ਲਾਹ ਦਿੱਤੀ ਜਾਂਦੀ ਹੈ ॥੨॥
29010	666	ਹਰਿ ਹਰਿ ਜਪਨੁ ਜਪਉ ਦਿਨੁ ਰਾਤੀ ਜਪਿ ਹਰਿ ਹਰਿ ਹਰਿ ਉਰਿ ਧਾਰੀ॥		Har Har Japan Japo Dhin Raathee Jap Har Har Har Our Dhhaaree ||	I chant the chant of the Name of the Lord, day and night; I chant the Name of the Lord, Har, Har, Har, and enshrine it within my heart.	(ਹੇ ਭਾਈ! ਤਾਂਹੀਏਂ) ਮੈਂ (ਭੀ) ਦਿਨ ਰਾਤ ਪਰਮਾਤਮਾ ਦੇ ਨਾਮ ਦਾ ਜਾਪ ਜਪਦਾ ਹਾਂ, ਨਾਮ ਜਪ ਕੇ ਉਸ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹਾਂ।

29011	666	ਹਰਿ ਹਰਿ ਹਰਿ ਅਉਖਧੁ ਜਗਿ ਪੂਰਾ ਜਪਿ ਹਰਿ ਹਰਿ ਹਉਮੈ ਮਾਰੀ॥੩॥	ਜੱਗਿ	Har Har Har Aoukhadhh Jag Pooraa Jap Har Har Houmai Maaree ||3||	The Name of the Lord, Har, Har, Har, is the most perfect medicine in this world; chanting the Name of the Lord, Har, Har, I have conquered my ego. ||3||	ਹੇ ਭਾਈ! ਪਰਮਾਤਮਾ ਦਾ ਨਾਮ ਜਗਤ ਵਿਚ ਐਸੀ ਦਵਾਈ ਹੈ ਜੋ ਆਪਣਾ ਅਸਰ ਕਰਨੋਂ ਕਦੇ ਨਹੀਂ ਖੁੰਝਦੀ। ਇਹ ਨਾਮ ਜਪ ਕੇ (ਅੰਦਰੋਂ) ਹਉਮੈ ਮੁਕਾ ਸਕੀਦੀ ਹੈ ॥੩॥
29012	667	ਹਰਿ ਹਰਿ ਅਗਮ ਅਗਾਧਿ ਬੋਧਿ ਅਪਰੰਪਰ ਪੁਰਖ ਅਪਾਰੀ॥	ਅ-ਪਰੰਪਰ	Har Har Agam Agaadhh Bodhh Aparanpar Purakh Apaaree ||	The Lord, Har, Har, is unapproachable, of unfathomable wisdom, unlimited, all-powerful and infinite.	ਹੇ ਅਪਹੁੰਚ! ਹੇ ਮਨੁੱਖਾਂ ਦੀ ਸਮਝ ਤੋਂ ਪਰੇ! ਹੇ ਪਰੇ ਤੋਂ ਪਰੇ! ਹੇ ਸਰਬ-ਵਿਆਪਕ! ਹੇ ਬੇਅੰਤ!
29013	667	ਜਨ ਕਉ ਕ੍ਰਿਪਾ ਕਰਹੁ ਜਗਜੀਵਨ ਜਨ ਨਾਨਕ ਪੈਜ ਸਵਾਰੀ॥੪॥੧॥	ਜੱਗਜੀਵਨ	Jan Ko Kirapaa Karahu Jagajeevan Jan Naanak Paij Savaaree ||4||1||	Show Mercy to Your humble servant, O Life of the world, and save the honor of servant Nanak. ||4||1||	ਹੇ ਜਗਤ ਦੇ ਜੀਵਨ! ਆਪਣੇ ਦਾਸਾਂ ਉਤੇ ਮੇਹਰ ਕਰ, ਤੇ, (ਇਸ ਵਿਕਾਰ-ਭਰੇ ਸੰਸਾਰ-ਸਮੁੰਦਰ ਵਿਚੋਂ) ਹੇ ਨਾਨਕ! (ਆਖ-) ਦਾਸਾਂ ਦੀ ਲਾਜ ਰੱਖ ਲੈ ॥੪॥੧॥
29014	667	ਧਨਾਸਰੀ ਮਹਲਾ ੪॥		Dhhanaasaree Mehalaa 4 ||	Dhanaasaree, Fourth Mehl:	

29015	667	ਹਰਿ ਕੇ ਸੰਤ ਜਨਾ ਹਰਿ ਜਪਿਓ ਤਿਨ ਕਾ ਦੂਖੁ ਭਰਮੁ ਭਉ ਭਾਗੀ ॥		Har Kae Santh Janaa Har Japiou Thin Kaa Dhookh Bharam Bho Bhaagee ||	The humble Saints of the Lord meditate on the Lord; their pain, doubt and fear have run away.	ਹੇ ਭਾਈ! ਪਰਮਾਤਮਾ ਦੇ ਜਿਨ੍ਹਾਂ ਸੰਤ ਜਨਾਂ ਨੇ ਪਰਮਾਤਮਾ ਦਾ ਨਾਮ ਜਪਿਆ, ਉਹਨਾਂ ਦਾ ਹਰੇਕ ਦੁੱਖ, ਹਰੇਕ ਭਰਮ ਹਰੇਕ ਡਰ ਦੂਰ ਹੋ ਜਾਂਦਾ ਹੈ।
29016	667	ਅਪਨੀ ਸੇਵਾ ਆਪਿ ਕਰਾਈ ਗੁਰਮਤਿ ਅੰਤਰਿ ਜਾਗੀ॥੧॥		Apanee Saevaa Aap Karaaee Guramath Anthar Jaagee ||1||	The Lord Himself inspires them to serve Him; they are awakened within to the Guru's Teachings. ||1||	ਪਰਮਾਤਮਾ ਆਪ ਹੀ ਉਹਨਾਂ ਪਾਸੋਂ ਆਪਣੀ ਭਗਤੀ ਕਰਾਂਦਾ ਹੈ। (ਪਰਮਾਤਮਾ ਦੀ ਕਿਰਪਾ ਨਾਲ ਹੀ) ਉਹਨਾਂ ਦੇ ਅੰਦਰ ਗੁਰੂ ਦਾ ਉਪਦੇਸ਼ ਆਪਣਾ ਪ੍ਰਭਾਵ ਪਾਂਦਾ ਹੈ ॥੧॥
29017	667	ਹਰਿ ਕੈ ਨਾਮਿ ਰਤਾ ਬੈਰਾਗੀ॥	ਰੱਤਾ	Har Kai Naam Rathaa Bairaagee ||	Imbued with the Lord's Name, they are unattached to the world.	ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦੇ ਨਾਮ ਵਿਚ ਮਗਨ ਰਹਿੰਦਾ ਹੈ ਉਹ ਮਾਇਆ ਦੇ ਮੋਹ ਤੋਂ ਨਿਰਲੇਪ ਹੋ ਜਾਂਦਾ ਹੈ।
29018	667	ਹਰਿ ਹਰਿ ਕਥਾ ਸੁਣੀ ਮਨਿ ਭਾਈ ਗੁਰਮਤਿ ਹਰਿ ਲਿਵ ਲਾਗੀ॥੧॥ਰਹਾਉ॥		Har Har Kathhaa Sunee Man Bhaaee Guramath Har Liv Laagee ||1|| Rehaao ||	Listening to the sermon of the Lord, Har, Har, their minds are pleased; through Guru's Instruction, they enshrine love for the Lord. ||1||Pause||	ਉਹ (ਜਿਉਂ ਜਿਉਂ) ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਸੁਣਦਾ ਹੈ, ਉਸ ਨੂੰ ਉਹ ਮਨ ਵਿਚ ਪਿਆਰੀਆਂ ਲੱਗਦੀਆਂ ਹਨ। ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਉਸ ਦੀ ਲਗਨ ਪਰਮਾਤਮਾ ਵਿਚ ਲੱਗੀ ਰਹਿੰਦੀ ਹੈ ॥੧॥ ਰਹਾਉ ॥

29019	667	ਸੰਤ ਜਨਾ ਕੀ ਜਾਤਿ ਹਰਿ ਸੁਆਮੀ ਤੁਮ੍ ਠਾਕੁਰ ਹਮ ਸਾਂਗੀ॥	(ਸਾਂਗੀ) ਭੇਖੀ	Santh Janaa Kee Jaath Har Suaamee Thumh Thaakur Ham Saangee ||	God, the Lord and Master, is the caste and social status of His humble Saints. You are the Lord and Master; I am just Your puppet.	ਹੇ ਹਰੀ ਪ੍ਰਭੂ! (ਦੁਨੀਆ ਦੇ ਲੋਕ ਆਪਣੀ ਉੱਚੀ ਜਾਤਿ ਦਾ ਮਾਣ ਕਰਦੇ ਹਨ) ਸੰਤ ਜਨਾਂ ਦੀ ਜਾਤਿ ਤੂੰ ਆਪ ਹੀ ਹੈਂ (ਸੰਤ ਜਨ ਤੈਥੋਂ ਹੀ ਆਤਮਕ ਜੀਵਨ ਲੈਂਦੇ ਹਨ)। ਹੇ ਪ੍ਰਭੂ! ਤੂੰ ਸਾਡਾ ਮਾਲਕ ਹੈਂ, ਅਸੀਂ ਤੇਰੇ ਪੂਰਨਿਆਂ ਉਤੇ ਤੁਰਨ ਵਾਲੇ ਹਾਂ।
29020	667	ਜੈਸੀ ਮਤਿ ਦੇਵਹੁ ਹਰਿ ਸੁਆਮੀ ਹਮ ਤੈਸੇ ਬੁਲਗ ਬੁਲਾਗੀ॥੨॥	(ਬੁਲਗ) ਬੋਲ। (ਬੁਲਾਗੀ) ਬੋਲਦੇ	Jaisee Math Dhaevahu Har Suaamee Ham Thaisae Bulag Bulaagee ||2||	As is the understanding You bless us with, so are the words we speak. ||2||	ਹੇ ਮਾਲਕ ਪ੍ਰਭੂ! ਜਿਹੋ ਜਿਹੀ ਅਕਲ ਤੂੰ ਸਾਨੂੰ ਦੇਂਦਾ ਹੈਂ, ਅਸੀਂ ਉਹੋ ਜਿਹੇ ਬੋਲ ਹੀ ਬੋਲਦੇ ਹਾਂ ॥੨॥
29021	667	ਕਿਆ ਹਮ ਕਿਰਮ ਨਾਨ੍ ਨਿਕ ਕੀਰੇ ਤੁਮ੍ ਵਡ ਪੁਰਖ ਵਡਾਗੀ॥		Kiaa Ham Kiram Naanh Nik Keerae Thumh Vadd Purakh Vaddaagee ||	What are we? Tiny worms, and microscopic germs. You are our great and glorious Lord and Master.	ਹੇ ਪ੍ਰਭੂ! ਸਾਡੀ ਕੀਹ ਪਾਂਇਆਂ ਹੈ? ਅਸੀਂ ਬਹੁਤ ਛੋਟੇ ਕਿਰਮ ਹਾਂ, ਨਿੱਕੇ ਨਿੱਕੇ ਕੀੜੇ ਹਾਂ, ਤੂੰ ਵੱਡਾ ਪੁਰਖ ਹੈਂ।

29022	667	ਤੁਮ੍ਰੀ ਗਤਿ ਮਿਤਿ ਕਹਿ ਨ ਸਕਹ ਪ੍ਰਭ ਹਮ ਕਿਉ ਕਰਿ ਮਿਲਹ ਅਭਾਗੀ॥੩॥		Thumharee Gath Mith Kehi N Sakeh Prabh Ham Kio Kar Mileh Abhaagee ||3||	I cannot describe Your state and extent. O God, how can we unfortunate ones meet with You? ||3||	ਅਸੀਂ ਜੀਵ ਇਹ ਨਹੀਂ ਦੱਸ ਸਕਦੇ ਕਿ ਤੂੰ ਕਿਹੋ ਜਿਹਾ ਹੈਂ, ਤੇ, ਕੇਡਾ ਵੱਡਾ ਹੈਂ। ਅਸੀਂ ਭਾਗ-ਹੀਣ ਜੀਵ (ਆਪਣੇ ਉੱਦਮ ਨਾਲ) ਤੈਨੂੰ ਕਿਵੇਂ ਮਿਲ ਸਕਦੇ ਹਾਂ? ॥੩॥
29023	667	ਹਰਿ ਪ੍ਰਭ ਸੁਆਮੀ ਕਿਰਪਾ ਧਾਰਹੁ ਹਮ ਹਰਿ ਹਰਿ ਸੇਵਾ ਲਾਗੀ॥		Har Prabh Suaamee Kirapaa Dhaarahu Ham Har Har Saevaa Laagee ||	O God, my Lord and Master, shower me with Your Mercy, and commit me to Your service.	ਹੇ ਹਰੀ ਪ੍ਰਭੂ! ਹੇ ਮਾਲਕ! ਸਾਡੇ ਉਤੇ ਮੇਹਰ ਕਰ, ਅਸੀਂ ਤੇਰੀ ਸੇਵਾ-ਭਗਤੀ ਵਿਚ ਲੱਗੀਏ।
29024	667	ਨਾਨਕ ਦਾਸਨਿ ਦਾਸੁ ਕਰਹੁ ਪ੍ਰਭ ਹਮ ਹਰਿ ਕਥਾ ਕਥਾਗੀ॥੪॥੨॥	(ਕਥਾਗੀ) ਕਥੀਏ	Naanak Dhaasan Dhaas Karahu Prabh Ham Har Kathhaa Kathhaagee ||4||2||	Make Nanak the slave of Your slaves, God; I speak the speech of the Lord's sermon. ||4||2||	ਹੇ ਨਾਨਕ! (ਆਖ-) ਹੇ ਪ੍ਰਭੂ! ਸਾਨੂੰ ਆਪਣੇ ਦਾਸਾਂ ਦਾ ਦਾਸ ਬਣਾ ਲੈ, ਅਸੀਂ ਤੇਰੀ ਸਿਫ਼ਤ-ਸਾਲਾਹ ਦੀਆਂ ਗੱਲਾਂ ਕਰਦੇ ਰਹੀਏ ॥੪॥੨॥
29025	667	ਧਨਾਸਰੀ ਮਹਲਾ ੪॥		Dhhanaasaree Mehalaa 4 ||	Dhanaasaree, Fourth Mehl:	

29026	667	ਹਰਿ ਕਾ ਸੰਤੁ ਸਤਗੁਰੁ ਸਤ ਪੁਰਖਾ ਜੋ ਬੋਲੈ ਹਰਿ ਹਰਿ ਬਾਨੀ॥		Har Kaa Santh Sathagur Sath Purakhaa Jo Bolai Har Har Baanee ||	The True Guru is the Lord's Saint, the True Being, who chants the Bani of the Lord, Har, Har.	ਹੇ ਭਾਈ! ਗੁਰੂ ਮਹਾਂ ਪੁਰਖ ਹੈ, ਗੁਰੂ ਪਰਮਾਤਮਾ ਦਾ ਸੰਤ ਹੈ, ਜੇਹੜਾ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਉਚਾਰਦਾ ਹੈ।
29027	667	ਜੋ ਜੋ ਕਹੈ ਸੁਣੈ ਸੋ ਮੁਕਤਾ ਹਮ ਤਿਸ ਕੈ ਸਦ ਕੁਰਬਾਨੀ॥੧॥		Jo Jo Kehai Sunai So Mukathaa Ham This Kai Sadh Kurabaanee ||1||	Whoever chants it, and listens to it, is liberated; I am forever a sacrifice to him. ||1||	ਜੇਹੜਾ ਜੇਹੜਾ ਮਨੁੱਖ ਇਸ ਬਾਣੀ ਨੂੰ ਪੜ੍ਹਦਾ ਸੁਣਦਾ ਹੈ, ਉਹ ਪਾਪਾਂ ਤੋਂ ਮੁਕਤ ਹੋ ਜਾਂਦਾ ਹੈ। ਹੇ ਭਾਈ! ਮੈਂ ਉਸ ਗੁਰੂ ਤੋਂ ਸਦਾ ਸਦਕੇ ਹਾਂ ॥੧॥
29028	667	ਹਰਿ ਕੇ ਸੰਤ ਸੁਨਹੁ ਜਸੁ ਕਾਨੀ॥		Har Kae Santh Sunahu Jas Kaanee ||	O Saints of the Lord, listen to the Lord's Praises with your ears.	ਹੇ ਪਰਮਾਤਮਾ ਦੇ ਸੰਤ ਜਨੋ! ਪਰਮਾਤਮਾ ਦੀ ਸਿਫ਼ਤ-ਸਾਲਾਹ ਧਿਆਨ ਨਾਲ ਸੁਣਿਆ ਕਰੋ।
29029	667	ਹਰਿ ਹਰਿ ਕਥਾ ਸੁਨਹੁ ਇਕ ਨਿਮਖ ਪਲ ਸਭਿ ਕਿਲਵਿਖ ਪਾਪ ਲਹਿ ਜਾਨੀ॥੧॥ਰਹਾਉ॥		Har Har Kathhaa Sunahu Eik Nimakh Pal Sabh Kilavikh Paap Lehi Jaanee ||1|| Rehaao ||	Listen to the sermon of the Lord, Har, Har, for a moment, for even an instant, and all your sins and mistakes shall be erased. ||1||Pause||	ਅੱਖ ਝਮਕਣ ਜਿਤਨੇ ਸਮੇ ਵਾਸਤੇ, ਇਕ ਪਲ ਵਾਸਤੇ ਭੀ ਜੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਸੁਣੋ, ਤਾਂ ਸਾਰੇ ਪਾਪ ਦੇਖ ਲਹਿ ਜਾਂਦੇ ਹਨ ॥੧॥ ਰਹਾਉ ॥

29030	667	ਐਸਾ ਸੰਤੁ ਸਾਧੁ ਜਿਨ ਪਾਇਆ ਤੇ ਵਡ ਪੁਰਖ ਵਡਾਨੀ॥		Aisaa Santh Saadhh Jin Paaeiaa Thae Vadd Purakh Vaddaanee ||	Those who find such humble, Holy Saints, are the greatest of the great persons.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਅਜੇਹਾ ਸੰਤ ਗੁਰੂ ਲੱਭ ਲਿਆ ਹੈ, ਉਹ ਵੱਡੇ ਮਨੁੱਖ (ਉੱਚੇ ਜੀਵਨ ਵਾਲੇ ਮਨੁੱਖ) ਬਣ ਗਏ ਹਨ।
29031	667	ਤਿਨ ਕੀ ਧੂਰਿ ਮੰਗਹ ਪ੍ਰਭ ਸੁਆਮੀ ਹਮ ਹਰਿ ਲੋਚ ਲੁਚਾਨੀ॥੨॥		Thin Kee Dhhoor Mangeh Prabh Suaamee Ham Har Loch Luchaanee ||2||	I beg for the dust of their feet; I long for the longing for God, my Lord and Master. ||2||	ਹੇ ਪ੍ਰਭੂ! ਹੇ ਸੁਆਮੀ! ਹੇ ਹਰੀ! ਮੈਂ ਉਹਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ, ਮੈਨੂੰ ਉਹਨਾਂ ਦੀ ਚਰਨ ਧੂੜ ਦੀ ਤਾਂਘ ਹੈ ॥੨॥
29032	667	ਹਰਿ ਹਰਿ ਸਫਲਿਓ ਬਿਰਖੁ ਪ੍ਰਭ ਸੁਆਮੀ ਜਿਨ ਜਪਿਓ ਸੇ ਤ੍ਰਿਪਤਾਨੀ॥		Har Har Safaliou Birakh Prabh Suaamee Jin Japiou Sae Thripathaanee ||	The Name of God, the Lord and Master, Har, Har, is the fruit-bearing tree; those who meditate on it are satisfied.	ਹੇ ਪ੍ਰਭੂ! ਹੇ ਸੁਆਮੀ! ਹੇ ਹਰੀ! ਤੂੰ ਸਾਰੇ ਫਲ ਦੇਣ ਵਾਲਾ (ਮਾਨੋ) ਰੁੱਖ ਹੈਂ। ਜਿਨ੍ਹਾਂ ਮਨੁੱਖਾਂ ਨੇ ਤੇਰਾ ਨਾਮ ਜਪਿਆ, ਉਹ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਗਏ।
29033	667	ਹਰਿ ਹਰਿ ਅੰਮ੍ਰਿਤੁ ਪੀ ਤ੍ਰਿਪਤਾਸੇ ਸਭ ਲਾਥੀ ਭੂਖ ਭੁਖਾਨੀ॥੩॥		Har Har Anmrith Pee Thripathaasae Sabh Laathhee Bhookh Bhukhaanee ||3||	Drinking in the ambrosia of the Name of the Lord, Har, Har, I am satisfied; all my hunger and thirst is quenched. ||3||	ਹੇ ਹਰੀ! ਤੇਰਾ ਨਾਮ ਆਤਮਕ ਜੀਵਨ ਦੇਣ ਵਾਲਾ ਜਲ ਹੈ, (ਭਾਗਾਂ ਵਾਲੇ ਮਨੁੱਖ ਇਹ ਜਲ) ਪੀ ਕੇ ਤ੍ਰਿਪਤ ਹੋ ਜਾਂਦੇ ਹਨ, ਉਹਨਾਂ ਦੀ ਹੋਰ ਸਾਰੀ ਭੁੱਖ ਲਹਿ ਜਾਂਦੀ ਹੈ ॥੩॥

29034	667	ਜਿਨ ਕੇ ਵਡੇਭਾਗ ਵਡ ਊਚੇ ਤਿਨ ਹਰਿ ਜਪਿਓ ਜਪਾਨੀ॥		Jin Kae Vaddae Bhaag Vadd Oochae Thin Har Japiou Japaanee ||	Those who are blessed with the highest, loftiest destiny, chant and meditate on the Lord.	ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਵੱਡੇ ਉੱਚੇ ਭਾਗ ਹੁੰਦੇ ਹਨ, ਉਹ ਪਰਮਾਤਮਾ ਦੇ ਨਾਮ ਦਾ ਜਾਪ ਜਪਦੇ ਹਨ।
29035	667	ਤਿਨ ਹਰਿ ਸੰਗਤਿ ਮੇਲਿ ਪ੍ਰਭ ਸੁਆਮੀ ਜਨ ਨਾਨਕ ਦਾਸ ਦਸਾਨੀ॥੪॥੩॥		Thin Har Sangath Mael Prabh Suaamee Jan Naanak Dhaas Dhasaanee ||4||3||	Let me join their congregation, O God, my Lord and Master; Nanak is the slave of their slaves. ||4||3||	ਹੇ ਦਾਸ ਨਾਨਕ! (ਆਖ-) ਹੇ ਹਰੀ! ਹੇ ਪ੍ਰਭੂ! ਹੇ ਸੁਆਮੀ! ਮੈਨੂੰ ਉਹਨਾਂ ਦੀ ਸੰਗਤਿ ਵਿਚ ਮੇਲੀ ਰੱਖ, ਮੈਨੂੰ ਉਹਨਾਂ ਦੇ ਦਾਸਾਂ ਦਾ ਦਾਸ ਬਣਾ ਦੇ ॥੪॥੩॥
29036	667	ਧਨਾਸਰੀ ਮਹਲਾ ੪॥		Dhhanaasaree Mehalaa 4 ||	Dhanaasaree, Fourth Mehl:	
29037	667	ਹਮ ਅੰਧੁਲੇ ਅੰਧ ਬਿਖੈ ਬਿਖੁ ਰਾਤੇ ਕਿਉ ਚਾਲਹ ਗੁਰ ਚਾਲੀ॥		Ham Andhhulae Andhh Bikhai Bikh Raathae Kio Chaaleh Gur Chaalee ||	I am blind, totally blind, entangled in corruption and poison. How can I walk on the Guru's Path?	ਹੇ ਭਾਈ! ਅਸੀਂ ਜੀਵ ਮਾਇਆ ਦੇ ਮੋਹ ਵਿਚ ਬਹੁਤ ਅੰਨ੍ਹੇ ਹੋ ਕੇ ਮਾਇਕ ਪਦਾਰਥਾਂ ਦੇ ਜ਼ਹਰ ਵਿਚ ਮਗਨ ਰਹਿੰਦੇ ਹਾਂ। ਅਸੀਂ ਕਿਵੇਂ ਗੁਰੂ ਦੇ ਦੱਸੇ ਜੀਵਨ-ਰਾਹ ਉਤੇ ਤੁਰ ਸਕਦੇ ਹਾਂ?
29038	667	ਸਤਗੁਰੁ ਦਇਆ ਕਰੇ ਸੁਖਦਾਤਾ ਹਮ ਲਾਵੈ ਆਪਨ ਪਾਲੀ॥੧॥	(ਪਾਲੀ) ਪੱਲੇ	Sathagur Dhaeiaa Karae Sukhadhaathaa Ham Laavai Aapan Paalee ||1||	If the True Guru, the Giver of peace, shows His kindness, He attaches us to the hem of His robe. ||1||	ਸੁਖਾਂ ਦਾ ਦੇਣ ਵਾਲਾ ਗੁਰੂ (ਆਪ ਹੀ) ਮੇਹਰ ਕਰੇ, ਤੇ, ਸਾਨੂੰ ਆਪਣੇ ਲੜ ਲਾ ਲਏ ॥੧॥

29039	667	ਗੁਰਸਿਖ ਮੀਤ ਚਲਹੁ ਗੁਰ ਚਾਲੀ॥		Gurasikh Meeth Chalahu Gur Chaalee ||	O Sikhs of the Guru, O friends, walk on the Guru's Path.	ਹੇ ਗੁਰਸਿੱਖ ਮਿੱਤਰੋ! ਗੁਰੂ ਦੇ ਦੱਸੇ ਹੋਏ ਜੀਵਨ-ਰਾਹ ਤੇ ਤੁਰੋ।
29040	667	ਜੋ ਗੁਰੁ ਕਹੈ ਸੋਈ ਭਲ ਮਾਨਹੁ ਹਰਿ ਹਰਿ ਕਥਾ ਨਿਰਾਲੀ॥੧॥ਰਹਾਉ ॥		Jo Gur Kehai Soee Bhal Maanahu Har Har Kathhaa Niraalee ||1|| Rehaao ||	Whatever the Guru says, accept that as good; the sermon of the Lord, Har, Har, is unique and wonderful. ||1||Pause||	(ਗੁਰੂ ਆਖਦਾ ਹੈ ਕਿ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਿਆ ਕਰੋ, ਇਹ) ਜੋ ਕੁਝ ਗੁਰੂ ਆਖਦਾ ਹੈ, ਇਸ ਨੂੰ (ਆਪਣੇ ਵਾਸਤੇ) ਭਲਾ ਸਮਝੋ, (ਕਿਉਂਕਿ) ਪ੍ਰਭੂ ਦੀ ਸਿਫ਼ਤ-ਸਾਲਾਹ ਅਨੋਖੀ (ਤਬਦੀਲੀ ਜੀਵਨ ਵਿਚ ਪੈਦਾ ਕਰ ਦੇਂਦੀ ਹੈ) ॥੧॥ ਰਹਾਉ ॥
29041	667	ਹਰਿ ਕੇ ਸੰਤ ਸੁਣਹੁ ਜਨ ਭਾਈ ਗੁਰੁ ਸੇਵਿਹੁ ਬੇਗਿ ਬੇਗਾਲੀ॥	(ਬੇਗਿ ਬੇਗਾਲੀ) ਬਹੁਤ ਛੇਤੀ	Har Kae Santh Sunahu Jan Bhaaee Gur Saevihu Baeg Baegaalee ||	O Saints of the Lord, O Siblings of Destiny, listen: serve the Guru, quickly now!	ਹੇ ਹਰੀ ਦੇ ਸੰਤ ਜਨੋ! ਹੇ ਭਰਾਵੋ! ਸੁਣੋ, ਛੇਤੀ ਹੀ ਗੁਰੂ ਦੀ ਸਰਨ ਪੈ ਜਾਓ।
29042	667	ਸਤਗੁਰੁ ਸੇਵਿ ਖਰਚੁ ਹਰਿ ਬਾਧਹੁ ਮਤ ਜਾਣਹੁ ਆਜੁ ਕਿ ਕਾਲ੍ਹੀ॥੨॥		Sathagur Saev Kharach Har Baadhhahu Math Jaanahu Aaj K Kaalhee ||2||	Let your service to the True Guru be your supplies on the Lord's Path; pack them up, and don't think of today or tomorrow. ||2||	ਗੁਰੂ ਦੀ ਸਰਨ ਪੈ ਕੇ (ਜੀਵਨ-ਸਫ਼ਰ ਵਾਸਤੇ) ਪਰਮਾਤਮਾ ਦੇ ਨਾਮ ਦੀ ਖਰਚੀ (ਪੱਲੇ) ਬੰਨ੍ਹੋ। ਮਤਾਂ ਇਹ ਸਮਝਿਓ ਕਿ ਅੱਜ (ਇਹ ਕੰਮ ਕਰ ਲਵਾਂਗੇ) ਭਲਕੇ (ਇਹ ਕੰਮ ਕਰ ਲਵਾਂਗੇ। ਟਾਲ ਮਟੋਲੇ ਨਾਹ ਕਰਨੇ) ॥੨॥

29043	667	ਹਰਿ ਕੇ ਸੰਤ ਜਪਹੁ ਹਰਿ ਜਪਣਾ ਹਰਿ ਸੰਤੁ ਚਲੈ ਹਰਿ ਨਾਲੀ॥		Har Kae Santh Japahu Har Japanaa Har Santh Chalai Har Naalee ||	O Saints of the Lord, chant the chant of the Lord's Name; the Lord's Saints walk with the Lord.	ਹੇ ਹਰੀ ਦੇ ਸੰਤ ਜਨੋ! ਪਰਮਾਤਮਾ ਦੇ ਨਾਮ ਦਾ ਜਾਪ ਜਪਿਆ ਕਰੋ। (ਇਸ ਜਾਪ ਦੀ ਬਰਕਤਿ ਨਾਲ) ਹਰੀ ਦਾ ਸੰਤ ਹਰੀ ਦੀ ਰਜ਼ਾ ਵਿਚ ਤੁਰਨ ਲੱਗ ਪੈਂਦਾ ਹੈ।
29044	667	ਜਿਨ ਹਰਿ ਜਪਿਆ ਸੇ ਹਰਿ ਹੋਏ ਹਰਿ ਮਿਲਿਆ ਕੇਲ ਕੇਲਾਲੀ॥੩॥	(ਕੇਲ) ਚੋਜ਼ (ਕੇਲਾਲੀ) ਕਰਨ ਵਾਲੇ	Jin Har Japiaa Sae Har Hoeae Har Miliaa Kael Kaelaalee ||3||	Those who meditate on the Lord, become the Lord; the playful, wondrous Lord meets them. ||3||	ਹੇ ਭਾਈ! ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਜਪਦੇ ਹਨ, ਉਹ ਪਰਮਾਤਮਾ ਦਾ ਰੂਪ ਹੋ ਜਾਂਦੇ ਹਨ। ਚੋਜ-ਤਮਾਸ਼ੇ ਕਰਨ ਵਾਲਾ ਚੋਜੀ ਪ੍ਰਭੂ ਉਹਨਾਂ ਨੂੰ ਮਿਲ ਪੈਂਦਾ ਹੈ ॥੩॥
29045	667	ਹਰਿ ਹਰਿ ਜਪਨੁ ਜਪਿ ਲੋਚ ਲੋਚਾਨੀ ਹਰਿ ਕਿਰਪਾ ਕਰਿ ਬਨਵਾਲੀ॥		Har Har Japan Jap Loch Luochaanee Har Kirapaa Kar Banavaalee ||	To chant the chant of the Lord's Name, Har, Har, is the longing I long for; have Mercy upon me, O Lord of the world-forest.	ਹੇ ਬਨਵਾਰੀ ਪ੍ਰਭੂ! ਮੈਨੂੰ ਤੇਰਾ ਨਾਮ ਜਪਣ ਦੀ ਤਾਂਘ ਲੱਗੀ ਹੋਈ ਹੈ। ਮੇਹਰ ਕਰ!
29046	667	ਜਨ ਨਾਨਕ ਸੰਗਤਿ ਸਾਧ ਹਰਿ ਮੇਲਹੁ ਹਮ ਸਾਧ ਜਨਾ ਪਗ ਰਾਲੀ॥੪॥੪॥	(ਰਾਲੀ) ਧੂੜ। ਪਗ:ਪੋਲਾ ਬੋਲੋ	Jan Naanak Sangath Saadhh Har Maelahu Ham Saadhh Janaa Pag Raalee ||4||4||	O Lord, unite servant Nanak with the Saadh Sangat, the Company of the Holy; make me the dust of the feet of the Holy. ||4||4||	ਹੇ ਦਾਸ ਨਾਨਕ! (ਆਖ-) ਹੇ ਪ੍ਰਭੂ! ਮੈਨੂੰ ਸਾਧ ਸੰਗਤਿ ਵਿਚ ਮਿਲਾਈ ਰੱਖ, ਮੈਨੂੰ ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਮਿਲੀ ਰਹੇ ॥੪॥੪॥

29047	668	ਧਨਾਸਰੀ ਮਹਲਾ ੪॥		Dhhanaasaree Mehalaa 4 ||	Dhanaasaree, Fourth Mehl:	
29048	668	ਹਰਿ ਹਰਿ ਬੂੰਦ ਭਏ ਹਰਿ ਸੁਆਮੀ ਹਮ ਚਾਤ੍ਰਿਕ ਬਿਲਲ ਬਿਲਲਾਤੀ॥	ਬਿਲ-ਲ ਬਿਲ-ਲਾਤੀ	Har Har Boondh Bheae Har Suaamee Ham Chaathrik Bilal Bilalaathee ||	The Lord, Har, Har, is the rain-drop; I am the song-bird, crying, crying out for it.	ਹੇ ਹਰੀ! ਹੇ ਸੁਆਮੀ! ਮੈਂ ਪਪੀਹਾ ਤੇਰੇ ਨਾਮ-ਬੂੰਦ ਵਾਸਤੇ ਤੜਫ਼ ਰਿਹਾ ਹਾਂ। (ਮੇਹਰ ਕਰ), ਤੇਰਾ ਨਾਮ ਮੇਰੇ ਵਾਸਤੇ (ਸ੍ਵਾਂਤੀ-) ਬੂੰਦ ਬਣ ਜਾਏ।
29049	668	ਹਰਿ ਹਰਿ ਕ੍ਰਿਪਾ ਕਰਹੁ ਪ੍ਰਭ ਅਪਨੀ ਮੁਖਿ ਦੇਵਹੁ ਹਰਿ ਨਿਮਖਾਤੀ॥੧॥		Har Har Kirapaa Karahu Prabh Apanee Mukh Dhaevahu Har Nimakhaathee ||1||	O Lord God, please bless me with Your Mercy, and pour Your Name into my mouth, even if for only an instant. ||1||	ਹੇ ਹਰੀ! ਹੇ ਪ੍ਰਭੂ! ਆਪਣੀ ਮੇਹਰ ਕਰ, ਅੱਖ ਦੇ ਝਮਕਣ ਜਿਤਨੇ ਸਮੇ ਵਾਸਤੇ ਹੀ ਮੇਰੇ ਮੂੰਹ ਵਿਚ (ਆਪਣੀ ਨਾਮ ਦੀ ਸ੍ਵਾਂਤੀ) ਬੂੰਦ ਪਾ ਦੇ ॥੧॥
29050	668	ਹਰਿ ਬਿਨੁ ਰਹਿ ਨ ਸਕਉ ਇਕ ਰਾਤੀ॥		Har Bin Rehi N Sako Eik Raathee ||	Without the Lord, I cannot live for even a second.	ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਬਿਨਾ ਮੈਂ ਰਤਾ ਭਰ ਸਮੇ ਲਈ ਭੀ ਰਹਿ ਨਹੀਂ ਸਕਦਾ।

29051	668	ਜਿਉ ਬਿਨੁ ਅਮਲੈ ਅਮਲੀ ਮਰਿ ਜਾਈ ਹੈ ਤਿਉ ਹਰਿ ਬਿਨੁ ਹਮ ਮਰਿ ਜਾਤੀ॥ਰਹਾਉ॥		Jio Bin Amalai Amalee Mar Jaaee Hai Thio Har Bin Ham Mar Jaathee || Rehaao ||	Like the addict who dies without his drug, I die without the Lord. ||Pause||	ਜਿਵੇਂ (ਅਫ਼ੀਮ ਆਦਿਕ) ਨਸ਼ੇ ਤੋਂ ਬਿਨਾ ਅਮਲੀ (ਨਸ਼ੇ ਦਾ ਆਦੀ) ਮਨੁੱਖ ਤੜਫ਼ ਉੱਠਦਾ ਹੈ, ਤਿਵੇਂ ਪਰਮਾਤਮਾ ਦੇ ਨਾਮ ਤੋਂ ਬਿਨਾ ਮੈਂ ਘਬਰਾ ਜਾਂਦਾ ਹਾਂ ਰਹਾਉ॥
29052	668	ਤੁਮ ਹਰਿ ਸਰਵਰ ਅਤਿ ਅਗਾਹ ਹਮ ਲਹਿ ਨ ਸਕਹਿ ਅੰਤੁ ਮਾਤੀ॥		Thum Har Saravar Ath Agaah Ham Lehi N Sakehi Anth Maathee ||	You, Lord, are the deepest, most unfathomable ocean; I cannot find even a trace of Your limits.	ਹੇ ਪ੍ਰਭੂ! ਤੂੰ (ਗੁਣਾਂ ਦਾ) ਬੜਾ ਹੀ ਡੂੰਘਾ ਸਮੁੰਦਰ ਹੈਂ, ਅਸੀਂ ਤੇਰੀ ਡੂੰਘਾਈ ਦਾ ਅੰਤ ਰਤਾ ਭਰ ਭੀ ਨਹੀਂ ਲੱਭ ਸਕਦੇ।
29053	668	ਤੂ ਪਰੈ ਪਰੈ ਅਪਰੰਪਰੁ ਸੁਆਮੀ ਮਿਤਿ ਜਾਨਹੁ ਆਪਨ ਗਾਤੀ॥੨॥	ਅਪਣੀ ਰੀਤੀ ਦੀ (ਗਾਤੀ) ਮ੍ਰਯਾਦਾ ਨੂੰ ਆਪ ਹੀ ਜਾਣਦੇ ਹੋਂ। ਅਪ-ਰੰਪਰੁ	Thoo Parai Parai Aparanpar Suaamee Mith Jaanahu Aapan Gaathee ||2||	You are the most remote of the remote, limitless and transcendent; O Lord Master, You alone know Your state and extent. ||2||	ਤੂੰ ਪਰੇ ਤੋਂ ਪਰੇ ਹੈਂ, ਤੂੰ ਬੇਅੰਤ ਹੈਂ। ਹੇ ਸੁਆਮੀ! ਤੂੰ ਕਿਹੋ ਜਿਹਾ ਹੈਂ ਤੇ ਕਿਤਨਾ ਵੱਡਾ ਹੈਂ-ਇਹ ਭੇਤ ਤੂੰ ਆਪ ਹੀ ਜਾਣਦਾ ਹੈਂ ॥੨॥
29054	668	ਹਰਿ ਕੇ ਸੰਤ ਜਨਾ ਹਰਿ ਜਪਿਓ ਗੁਰ ਰੰਗਿ ਚਲੂਲੈ ਰਾਤੀ॥	(ਚਲੂਲੈ) ਗੂੜ੍ਹੇ	Har Kae Santh Janaa Har Japiou Gur Rang Chaloolai Raathee ||	The Lord's humble Saints meditate on the Lord; they are imbued with the deep crimson color of the Guru's Love.	ਹੇ ਭਾਈ! ਪਰਮਾਤਮਾ ਦੇ ਜਿਨ੍ਹਾਂ ਸੰਤ ਜਨਾਂ ਨੇ ਪਰਮਾਤਮਾ ਦਾ ਨਾਮ ਜਪਿਆ, ਉਹ ਗੁਰੂ ਦੇ (ਬਖ਼ਸ਼ੇ ਹੋਏ) ਗੂੜ੍ਹੇ ਪ੍ਰੇਮ-ਰੰਗ ਵਿਚ ਰੰਗੇ ਗਏ,

29055	668	ਹਰਿ ਹਰਿ ਭਗਤਿ ਬਨੀ ਅਤਿ ਸੋਭਾ ਹਰਿ ਜਪਿਓ ਊਤਮ ਪਾਤੀ॥੩॥	(ਪਾਤੀ) ਇੱਜ਼ਤ	Har Har Bhagath Banee Ath Sobhaa Har Japiou Ootham Paathee ||3||	Meditating on the Lord, they attain great glory, and the most sublime honor. ||3||	ਉਹਨਾਂ ਦੇ ਅੰਦਰ ਪਰਮਾਤਮਾ ਦੀ ਭਗਤੀ ਦਾ ਰੰਗ ਬਣ ਗਿਆ, ਉਹਨਾਂ ਨੂੰ (ਲੋਕ ਪਰਲੋਕ ਵਿਚ) ਬੜੀ ਸੋਭਾ ਮਿਲੀ। ਜਿਨ੍ਹਾਂ ਨੇ ਪ੍ਰਭੂ ਦਾ ਨਾਮ ਜਪਿਆ, ਉਹਨਾਂ ਨੂੰ ਉੱਤਮ ਇੱਜ਼ਤ ਪ੍ਰਾਪਤ ਹੋਈ ॥੩॥
29056	668	ਆਪੇ ਠਾਕੁਰੁ ਆਪੇ ਸੇਵਕੁ ਆਪਿ ਬਨਾਵੈ ਭਾਤੀ॥		Aapae Thaakur Aapae Saevak Aap Banaavai Bhaathee ||	He Himself is the Lord and Master, and He Himself is the servant; He Himself creates His environments.	ਪਰ, ਹੇ ਭਾਈ! ਭਗਤੀ ਕਰਨ ਦੀ ਵਿਓਂਤ ਪ੍ਰਭੂ ਆਪ ਹੀ ਬਣਾਂਦਾ ਹੈ (ਢੋ ਆਪ ਹੀ ਢੁਕਾਂਦਾ ਹੈ), ਉਹ ਆਪ ਹੀ ਮਾਲਕ ਹੈ ਆਪ ਹੀ ਸੇਵਕ ਹੈ।
29057	668	ਨਾਨਕੁ ਜਨੁ ਤੁਮਰੀ ਸਰਣਾਈ ਹਰਿ ਰਾਖਹੁ ਲਾਜ ਭਗਾਤੀ॥੪॥੫॥		Naanak Jan Thumaree Saranaaee Har Raakhahu Laaj Bhagaathee ||4||5||	Servant Nanak has come to Your Sanctuary, O Lord; protect and preserve the honor of Your devotee. ||4||5||	ਹੇ ਪ੍ਰਭੂ! ਤੇਰਾ ਦਾਸ ਨਾਨਕ ਤੇਰੀ ਸਰਨ ਆਇਆ ਹੈ। ਤੂੰ ਆਪ ਹੀ ਆਪਣੇ ਭਗਤਾਂ ਦੀ ਇੱਜ਼ਤ ਰੱਖਦਾ ਹੈਂ ॥੪॥੫॥
29058	668	ਧਨਾਸਰੀ ਮਹਲਾ ੪॥		Dhhanaasaree Mehalaa 4 ||	Dhanaasaree, Fourth Mehl:	

29059	668	ਕਲਿਜੁਗ ਕਾ ਧਰਮੁ ਕਹਹੁ ਤੁਮ ਭਾਈ ਕਿਵ ਛੂਟਹ ਹਮ ਛੁਟਕਾਕੀ॥	(ਛੁੱਟ-ਕਾਕੀ) ਛੁੱਟਣ ਦੀ ਇੱਛਾ ਵਾਲੇ। ਕਹ-ਹੁ	Kalijug Kaa Dhharam Kehahu Thum Bhaaee Kiv Shhootteh Ham Shhuttakaakee ||	Tell me, O Siblings of Destiny, the religion for this Dark Age of Kali Yuga. I seek emancipation - how can I be emancipated?	ਹੇ ਭਾਈ! ਮੈਨੂੰ ਉਹ ਧਰਮ ਦੱਸ ਜਿਸ ਨਾਲ ਜਗਤ ਦੇ ਵਿਕਾਰਾਂ ਦੇ ਝੰਬੇਲਿਆਂ ਵਿਚੋਂ ਬਚਿਆ ਜਾ ਸਕੇ। ਮੈਂ ਇਹਨਾਂ ਝੰਬੇਲਿਆਂ ਤੋਂ ਬਚਣਾ ਚਾਹੁੰਦਾ ਹਾਂ। ਦੱਸ; ਮੈਂ ਕਿਵੇਂ ਬਚਾਂ?
29060	668	ਹਰਿ ਹਰਿ ਜਪੁ ਬੇੜੀ ਹਰਿ ਤੁਲਹਾ ਹਰਿ ਜਪਿਓ ਤਰੈ ਤਰਾਕੀ॥੧॥	(ਤਰੱਾਕੀ) ਤਾਰੂ	Har Har Jap Baerree Har Thulehaa Har Japiou Tharai Tharaakee ||1||	Meditation on the Lord, Har, Har, is the boat, the raft; meditating on the Lord, the swimmer swims across. ||1||	(ਉੱਤਰ-) ਪਰਮਾਤਮਾ ਦੇ ਨਾਮ ਦਾ ਜਾਪ ਬੇੜੀ ਹੈ, ਨਾਮ ਹੀ ਤੁਲਹਾ ਹੈ। ਜਿਸ ਮਨੁੱਖ ਨੇ ਹਰਿ-ਨਾਮ ਜਪਿਆ ਉਹ ਤਾਰੂ ਬਣ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ ॥੧॥
29061	668	ਹਰਿ ਜੀ ਲਾਜ ਰਖਹੁ ਹਰਿ ਜਨ ਕੀ॥		Har Jee Laaj Rakhahu Har Jan Kee ||	O Dear Lord, protect and preserve the honor of Your humble servant.	ਹੇ ਪ੍ਰਭੂ ਜੀ! (ਦੁਨੀਆ ਦੇ ਵਿਕਾਰਾਂ ਦੇ ਝੰਬੇਲਿਆਂ ਵਿਚੋਂ) ਆਪਣੇ ਸੇਵਕ ਦੀ ਇੱਜ਼ਤ ਬਚਾ ਲੈ।
29062	668	ਹਰਿ ਹਰਿ ਜਪਨੁ ਜਪਾਵਹੁ ਅਪਨਾ ਹਮ ਮਾਗੀ ਭਗਤਿ ਇਕਾਕੀ॥ਰਹਾਉ॥	ਇਕੱਾਕੀ	Har Har Japan Japaavahu Apanaa Ham Maagee Bhagath Eikaakee || Rehaao ||	O Lord, Har, Har, please make me chant the chant of Your Name; I beg only for Your devotional worship. ||Pause||	ਹੇ ਹਰੀ! ਮੈਨੂੰ ਆਪਣਾ ਨਾਮ ਜਪਣ ਦੀ ਸਮਰਥਾ ਦੇਹ। ਮੈਂ (ਤੇਰੇ ਪਾਸੋਂ) ਸਿਰਫ਼ ਤੇਰੀ ਭਗਤੀ ਦਾ ਦਾਨ ਮੰਗ ਰਿਹਾ ਹਾਂ ਰਹਾਉ॥

29063	668	ਹਰਿ ਕੇ ਸੇਵਕ ਸੇ ਹਰਿ ਪਿਆਰੇ ਜਿਨ ਜਪਿਓ ਹਰਿ ਬਚਨਾਕੀ॥	ਬਚਨੱਾਕੀ	Har Kae Saevak Sae Har Piaarae Jin Japiou Har Bachanaakee ||	The Lord's servants are very dear to the Lord; they chant the Word of the Lord's Bani.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਬਚਨਾਂ ਦੀ ਰਾਹੀਂ ਪਰਮਾਤਮਾ ਦਾ ਨਾਮ ਜਪਿਆ, ਉਹ ਸੇਵਕ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ।
29064	668	ਲੇਖਾ ਚਿਤ੍ਰ ਗੁਪਤਿ ਜੋ ਲਿਖਿਆ ਸਭ ਛੂਟੀ ਜਮ ਕੀ ਬਾਕੀ॥੨॥		Laekhaa Chithr Gupath Jo Likhiaa Sabh Shhoottee Jam Kee Baakee ||2||	The account of the recording angels, Chitr and Gupt, and the account with the Messenger of Death is totally erased. ||2||	ਚਿੱਤਰ ਗੁਪਤ ਨੇ ਜੇਹੜਾ ਭੀ ਉਹਨਾਂ (ਦੇ ਕਰਮਾਂ) ਦਾ ਲੇਖ ਲਿਖ ਰੱਖਿਆ ਸੀ, ਧਰਮਰਾਜ ਦਾ ਉਹ ਸਾਰਾ ਹਿਸਾਬ ਹੀ ਮੁੱਕ ਜਾਂਦਾ ਹੈ ॥੨॥
29065	668	ਹਰਿ ਕੇ ਸੰਤ ਜਪਿਓ ਮਨਿ ਹਰਿ ਹਰਿ ਲਗਿ ਸੰਗਤਿ ਸਾਧ ਜਨਾ ਕੀ॥		Har Kae Santh Japiou Man Har Har Lag Sangath Saadhh Janaa Kee ||	The Saints of the Lord meditate on the Lord in their minds; they join the Saadh Sangat, the Company of the Holy.	ਹੇ ਭਾਈ! ਜਿਨ੍ਹਾਂ ਸੰਤ ਜਨਾਂ ਨੇ ਸਾਧ ਜਨਾਂ ਦੀ ਸੰਗਤਿ ਵਿਚ ਬੈਠ ਕੇ ਆਪਣੇ ਮਨ ਵਿਚ ਪਰਮਾਤਮਾ ਦੇ ਨਾਮ ਦਾ ਜਾਪ ਕੀਤਾ,

29066	668	ਦਿਨੀਅਰੁ ਸੂਰੁ ਤ੍ਰਿਸਨਾ ਅਗਨਿ ਬੁਝਾਨੀ ਸਿਵ ਚਰਿਓ ਚੰਦੁ ਚੰਦਾਕੀ॥੩॥	(ਦਿਨੀਅਰੁ) ਸੂਰਜ। (ਸਿਵ) ਕਲਿਆਣ ਸਰੂਪ ਪ੍ਰਮਾਤਮਾ। ਬੁਝਾਨੀ ਪੋਲਾ। ਚੰਦੋਕੀ	Dhineear Soor Thrisanaa Agan Bujhaanee Siv Chariou Chandh Chandhaakee ||3||	The piercing sun of desires has set, and the cool moon has risen. ||3||	ਉਹਨਾਂ ਦੇ ਅੰਦਰ ਕੱਲਿਆਣ ਰੂਪ (ਪਰਮਾਤਮਾ ਪਰਗਟ ਹੋ ਪਿਆ, ਮਾਨੋ) ਠੰਢਕ ਪੁਚਾਣ ਵਾਲਾ ਚੰਦ ਚੜ੍ਹ ਪਿਆ, ਜਿਸ ਨੇ (ਉਹਨਾਂ ਦੇ ਹਿਰਦੇ ਵਿਚੋਂ) ਤ੍ਰਿਸ਼ਨਾ ਦੀ ਅੱਗ ਬੁਝਾ ਦਿੱਤੀ; (ਜਿਸ ਨੇ ਵਿਕਾਰਾਂ ਦਾ) ਤਪਦਾ ਸੂਰਜ (ਸ਼ਾਂਤ ਕਰ ਦਿੱਤਾ) ॥੩॥
29067	668	ਤੁਮ ਵਡ ਪੁਰਖ ਵਡ ਅਗਮ ਅਗੋਚਰ ਤੁਮ ਆਪੇ ਆਪਿ ਅਪਾਕੀ॥	(ਅਪੱਾਕੀ) ਆਪੇ ਹੀ	Thum Vadd Purakh Vadd Agam Agochar Thum Aapae Aap Apaakee ||	You are the Greatest Being, absolutely unapproachable and unfathomable; You created the Universe from Your Own Being.	ਹੇ ਪ੍ਰਭੂ! ਤੂੰ ਸਭ ਤੋਂ ਵੱਡਾ ਹੈਂ, ਤੂੰ ਸਰਬ-ਵਿਆਪਕ ਹੈਂ; ਤੂੰ ਅਪਹੁੰਚ ਹੈਂ; ਗਿਆਨ-ਇੰਦ੍ਰਿਆਂ ਦੀ ਰਾਹੀਂ ਤੇਰੇ ਤਕ ਪਹੁੰਚ ਨਹੀਂ ਹੋ ਸਕਦੀ। ਤੂੰ (ਹਰ ਥਾਂ) ਆਪ ਹੀ ਆਪ, ਆਪ ਹੀ ਆਪ ਹੈਂ।
29068	668	ਜਨ ਨਾਨਕ ਕਉ ਪ੍ਰਭ ਕਿਰਪਾ ਕੀਜੈ ਕਰਿ ਦਾਸਨਿ ਦਾਸ ਦਸਾਕੀ॥੪॥੬॥	(ਦਸੱਾਕੀ) ਦਾਸਾਂ ਦਾ	Jan Naanak Ko Prabh Kirapaa Keejai Kar Dhaasan Dhaas Dhasaakee ||4||6||	O God, take pity on servant Nanak, and make him the slave of the slave of Your slaves. ||4||6||	ਹੇ ਪ੍ਰਭੂ! ਆਪਣੇ ਦਾਸ ਨਾਨਕ ਉਤੇ ਮੇਹਰ ਕਰ, ਤੇ, ਆਪਣੇ ਦਾਸਾਂ ਦੇ ਦਾਸਾਂ ਦਾ ਦਾਸ ਬਣਾ ਲੈ ॥੪॥੬॥
29069	668	ਧਨਾਸਰੀ ਮਹਲਾ ੪ ਘਰੁ ੫ ਦੁਪਦੇ		Dhhanaasaree Mehalaa 4 Ghar 5 Dhupadhae	Dhanaasaree, Fourth Mehl, Fifth House, Du-Padas:	ਰਾਗ ਧਨਾਸਰੀ, ਘਰ ੫ ਵਿੱਚ ਗੁਰੂ ਰਾਮਦਾਸ ਜੀ ਦੀ ਦੋ-ਬੰਦਾਂ ਵਾਲੀ ਬਾਣੀ।

29070	668	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
29071	668	ਉਰ ਧਾਰਿ ਬੀਚਾਰਿ ਮੁਰਾਰਿ ਰਮੋ ਰਮੁ ਮਨਮੋਹਨ ਨਾਮੁ ਜਪੀਨੇ॥		Our Dhhaar Beechaar Muraar Ramo Ram Manamohan Naam Japeenae ||	Enshrine the Lord within your heart, and contemplate Him. Dwell upon Him, reflect upon Him, and chant the Name of the Lord, the Enticer of hearts.	ਹੇ ਭਾਈ! ਪੂਰੇ ਗੁਰੂ ਨੇ (ਜਿਸ ਮਨੁੱਖ ਦੇ ਹਿਰਦੇ ਵਿਚ ਉਸ ਪਰਮਾਤਮਾ ਦਾ ਨਾਮ) ਪਰਗਟ ਕਰ ਦਿੱਤਾ;
29072	668	ਅਦ੍ਰਿਸਟੁ ਅਗੋਚਰੁ ਅਪਰੰਪਰ ਸੁਆਮੀ ਗੁਰਿ ਪੂਰੈ ਪ੍ਰਗਟ ਕਰਿ ਦੀਨੇ॥੧॥	ਅ-ਦ੍ਰਿਸਟੁ ਅ-ਗੋਚਰੁ ਅਪ-ਰੰਪਰ	Adhrisatt Agochar Aparanpar Suaamee Gur Poorai Pragatt Kar Dheenae ||1||	The Lord Master is unseen, unfathomable and unreachable; through the Perfect Guru, He is revealed. ||1||	ਜੋ ਇਹਨਾਂ ਅੱਖਾਂ ਨਾਲ ਨਹੀਂ ਦਿੱਸਦਾ, ਜੋ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਬੇਅੰਤ ਹੈ, ਜੋ ਸਭ ਦਾ ਮਾਲਕ ਹੈ, (ਉਹ ਮਨੁੱਖ ਉਸ) ਮੁਰਾਰੀ ਨੂੰ (ਉਸ) ਮਨ-ਮੋਹਨ ਦੇ ਨਾਮ ਨੂੰ ਆਪਣੇ ਹਿਰਦੇ ਵਿਚ ਵਸਾ ਕੇ ਸੋਚ-ਮੰਡਲ ਵਿਚ ਟਿਕਾ ਕੇ ਸਦਾ ਜਪਦਾ ਰਹਿੰਦਾ ਹੈ ॥੧॥
29073	668	ਰਾਮ ਪਾਰਸ ਚੰਦਨ ਹਮ ਕਾਸਟ ਲੋਸਟ॥	(ਕਾਸਟ) ਲੱਕੜ। (ਲੋਸਟ) ਲੋਹਾ	Raam Paaras Chandhan Ham Kaasatt Losatt ||	The Lord is the philosopher's stone, which transforms lead into gold, and sandalwood, while I am just dry wood and iron.	ਹੇ ਭਾਈ! ਪਰਮਾਤਮਾ ਪਾਰਸ ਹੈ, ਅਸੀਂ ਜੀਵ ਲੋਹਾ ਹਾਂ। ਪਰਮਾਤਮਾ ਚੰਦਨ ਹੈ, ਅਸੀਂ ਜੀਵ ਕਾਠ ਹਾਂ।

29074	668	ਹਰਿ ਸੰਗਿ ਹਰੀ ਸਤਸੰਗੁ ਭਏ ਹਰਿ ਕੰਚਨੁ ਚੰਦਨੁ ਕੀਨੇ॥੧॥ਰਹਾਉ॥		Har Sang Haree Sathasang Bheae Har Kanchan Chandhan Keenae ||1|| Rehaao ||	Associating with the Lord, and the Sat Sangat, the Lord's True Congregation, the Lord has transformed me into gold and sandalwood. ||1||Pause||	ਜਿਸ ਮਨੁੱਖ ਦਾ ਪਰਮਾਤਮਾ ਨਾਲ ਸਤਸੰਗ ਹੋ ਜਾਂਦਾ ਹੈ, ਪਰਮਾਤਮਾ ਉਸ ਨੂੰ (ਲੋਹੇ ਤੋਂ) ਸੋਨਾ ਬਣਾ ਦਿੰਦਾ ਹੈ, (ਕਾਠ ਤੋਂ) ਚੰਦਨ ਬਣਾ ਦੇਂਦਾ ਹੈ ॥੧॥ ਰਹਾਉ ॥
29075	668	ਨਵ ਛਿਅ ਖਟੁ ਬੋਲਹਿ ਮੁਖ ਆਗਰ ਮੇਰਾ ਹਰਿ ਪ੍ਰਭੁ ਇਵ ਨ ਪਤੀਨੇ॥	(ਨਵ) ਨੌਂ ਵਿਆਕਰਨ। (ਛਿਅ) ਛੇ ਸ਼ਾਸਤ੍ਰ। (ਖਟੁ) ਅੱਠ ਅੰਗ ਵੇਦ। (ਆਗਰ) ਜ਼ੁਬਾਨੀ	Nav Shhia Khatt Bolehi Mukh Aagar Maeraa Har Prabh Eiv N Patheenae ||	One may repeat, verbatim, the nine grammars and the six Shaastras, but my Lord God is not pleased by this.	(ਹੇ ਭਾਈ! ਕਈ ਪੰਡਿਤ) ਨੌ ਵਿਆਕਰਨ ਅਤੇ ਛੇ ਸ਼ਾਸਤਰ ਮੂੰਹ-ਜ਼ਬਾਨੀ ਉਚਾਰ ਲੈਂਦੇ ਹਨ, (ਪਰ) ਪਿਆਰਾ ਹਰੀ-ਪ੍ਰਭੂ ਇਸ ਤਰ੍ਹਾਂ ਖ਼ੁਸ਼ ਨਹੀਂ ਹੁੰਦਾ।
29076	668	ਜਨ ਨਾਨਕ ਹਰਿ ਹਿਰਦੈ ਸਦ ਧਿਆਵਹੁ ਇਉ ਹਰਿ ਪ੍ਰਭੁ ਮੇਰਾ ਭੀਨੇ॥੨॥੧॥੭॥		Jan Naanak Har Hiradhai Sadh Dhhiaavahu Eio Har Prabh Maeraa Bheenae ||2||1||7||	O servant Nanak, meditate forever on the Lord in your heart; this is what pleases my Lord God. ||2||1||7||	ਹੇ ਦਾਸ ਨਾਨਕ! (ਆਖ-ਹੇ ਭਾਈ!) ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਸਦਾ ਵਸਾਈ ਰੱਖੋ, (ਸਿਰਫ਼) ਇਸ ਤਰ੍ਹਾਂ ਪਰਮਾਤਮਾ ਪ੍ਰਸੰਨ ਹੁੰਦਾ ਹੈ ॥੨॥੧॥੭॥
29077	668	ਧਨਾਸਰੀ ਮਹਲਾ ੪॥		Dhhanaasaree Mehalaa 4 ||	Dhanaasaree, Fourth Mehl:	

29078	669	ਗੁਨ ਕਹੁ ਹਰਿ ਲਹੁ ਕਰਿ ਸੇਵਾ ਸਤਿਗੁਰ ਇਵ ਹਰਿ ਹਰਿ ਨਾਮੁ ਧਿਆਈ॥		Gun Kahu Har Lahu Kar Saevaa Sathigur Eiv Har Har Naam Dhiaaee ||	Chant His Praises, learn of the Lord, and serve the True Guru; in this way, meditate on the Name of the Lord, Har, Har.	ਹੇ ਭਾਈ! ਪਰਮਾਤਮਾ ਦੇ ਗੁਣ ਯਾਦ ਕਰਿਆ ਕਰ। (ਇਸ ਤਰ੍ਹਾਂ) ਪਰਮਾਤਮਾ ਨੂੰ ਮਿਲਣ ਦਾ ਜਤਨ ਕਰਦਾ ਰਹੁ। ਗੁਰੂ ਦੀ (ਦੱਸੀ) ਸੇਵਾ ਕਰਿਆ ਕਰ। ਇਸ ਤਰੀਕੇ ਨਾਲ ਸਦਾ ਹਰੀ ਦਾ ਨਾਮ ਸਿਮਰਦਾ ਰਹੁ।
29079	669	ਹਰਿ ਦਰਗਹ ਭਾਵਹਿ ਫਿਰਿ ਜਨਮਿ ਨ ਆਵਹਿ ਹਰਿ ਹਰਿ ਹਰਿ ਜੋਤਿ ਸਮਾਈ॥੧॥		Har Dharageh Bhaavehi Fir Janam N Aavehi Har Har Har Joth Samaaee ||1||	In the Court of the Lord, He shall be pleased with you, and you shall not have to enter the cycle of reincarnation again; you shall merge in the Divine Light of the Lord, Har, Har, Har. ||1||	(ਸਿਮਰਨ ਦੀ ਬਰਕਤਿ ਨਾਲ) ਤੂੰ ਪਰਮਾਤਮਾ ਦੀ ਦਰਗਾਹ ਵਿਚ ਪਸੰਦ ਆ ਜਾਏਂਗਾ, ਮੁੜ ਜਨਮ (ਮਰਨ ਦੇ ਗੇੜ) ਵਿਚ ਨਹੀਂ ਆਵੇਂਗਾ, ਤੂੰ ਪਰਮਾਤਮਾ ਦੀ ਜੋਤਿ ਵਿਚ ਸਦਾ ਲੀਨ ਰਹੇਂਗਾ ॥੧॥
29080	669	ਜਪਿ ਮਨ ਨਾਮੁ ਹਰੀ ਹੋਹਿ ਸਰਬ ਸੁਖੀ॥		Jap Man Naam Haree Hohi Sarab Sukhee ||	Chant the Name of the Lord, O my mind, and you shall be totally at peace.	ਹੇ (ਮੇਰੇ) ਮਨ! ਪਰਮਾਤਮਾ ਦਾ ਨਾਮ ਜਪਿਆ ਕਰ, ਤੂੰ ਹਰ ਥਾਂ ਸੁਖੀ ਰਹੇਂਗਾ।

29081	669	ਹਰਿ ਜਸੁ ਊਚ ਸਭਨਾ ਤੇ ਊਪਰਿ ਹਰਿ ਹਰਿ ਹਰਿ ਸੇਵਿ ਛਡਾਈ॥ਰਹਾਉ॥		Har Jas Ooch Sabhanaa Thae Oopar Har Har Har Saev Shhaddaaee || Rehaao ||	The Lord's Praises are the most sublime, the most exalted; serving the Lord, Har, Har, Har, you shall be emancipated. ||Pause||	ਪਰਮਾਤਮਾ ਦੀ ਸਿਫ਼ਤ-ਸਾਲਾਹ ਬੜਾ ਸ੍ਰੇਸ਼ਟ ਕੰਮ ਹੈ, ਹੋਰ ਸਭ ਕੰਮਾਂ ਨਾਲੋਂ ਵਧੀਆ ਕੰਮ ਹੈ। ਪਰਮਾਤਮਾ ਦੀ ਸੇਵਾ-ਭਗਤੀ ਕਰਦਾ ਰਹੁ, (ਇਹ ਸੇਵਾ-ਭਗਤੀ ਸਭ ਦੁੱਖਾਂ ਵਿਕਾਰਾਂ ਤੋਂ) ਬਚਾ ਲੈਂਦੀ ਹੈ ਰਹਾਉ॥
29082	669	ਹਰਿ ਕ੍ਰਿਪਾ ਨਿਧਿ ਕੀਨੀ ਗੁਰਿ ਭਗਤਿ ਹਰਿ ਦੀਨੀ ਤਬ ਹਰਿ ਸਿਉ ਪ੍ਰੀਤਿ ਬਨਿ ਆਈ॥		Har Kirapaa Nidhh Keenee Gur Bhagath Har Dheenee Thab Har Sio Preeth Ban Aaee ||	The Lord, the treasure of mercy, blessed me, and so the Guru blessed me with the Lord's devotional worship; I have come to be in love with the Lord.	ਪਰ, ਹੇ ਭਾਈ! ਕਿਰਪਾ ਦੇ ਖ਼ਜ਼ਾਨੇ ਪਰਮਾਤਮਾ ਨੇ ਜਿਸ ਮਨੁੱਖ ਉਤੇ ਕਿਰਪਾ ਕੀਤੀ, ਗੁਰੂ ਨੇ ਉਸ ਮਨੁੱਖ ਨੂੰ ਪਰਮਾਤਮਾ ਦੀ ਭਗਤੀ ਦੀ ਦਾਤਿ ਬਖ਼ਸ਼ ਦਿੱਤੀ, ਤਦੋਂ ਉਸ ਮਨੁੱਖ ਦਾ ਪ੍ਰੇਮ ਪਰਮਾਤਮਾ ਨਾਲ ਬਣ ਗਿਆ।
29083	669	ਬਹੁ ਚਿੰਤ ਵਿਸਾਰੀ ਹਰਿ ਨਾਮੁ ਉਰਿ ਧਾਰੀ ਨਾਨਕ ਹਰਿ ਭਏ ਹੈ ਸਖਾਈ॥੨॥੨॥੮॥	(ਸਖਾਈ) ਮਿੱਤ੍ਰ	Bahu Chinth Visaaree Har Naam Our Dhhaaree Naanak Har Bheae Hai Sakhaaee ||2||2||8||	I have forgotten my cares and anxieties, and enshrined the Lord's Name in my heart; O Nanak, the Lord has become my friend and companion. ||2||2||8||	ਹੇ ਨਾਨਕ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾ ਲਿਆ, ਉਸ ਨੇ (ਦੁਨੀਆ ਵਾਲੀ ਹੋਰ) ਬਹੁਤੀ ਚਿੰਤਾ ਭੁਲਾ ਲਈ, ਪਰਮਾਤਮਾ ਉਸ ਦਾ ਸਾਥੀ-ਮਿੱਤਰ ਬਣ ਗਿਆ ॥੨॥੨॥੮॥

29084	669	ਧਨਾਸਰੀ ਮਹਲਾ ੪॥		Dhhanaasaree Mehalaa 4 ||	Dhanaasaree, Fourth Mehl:	
29085	669	ਹਰਿ ਪੜੁ ਹਰਿ ਲਿਖੁ ਹਰਿ ਜਪਿ ਹਰਿ ਗਾਉ ਹਰਿ ਭਉਜਲੁ ਪਾਰਿ ਉਤਾਰੀ॥		Har Parr Har Likh Har Jap Har Gaao Har Bhoujal Paar Outhaaree ||	Read about the Lord, write about the Lord, chant the Lord's Name, and sing the Lord's Praises; the Lord will carry you across the terrifying world-ocean.	ਹੇ ਭਾਈ! ਪਰਮਾਤਮਾ ਦਾ ਨਾਮ ਪੜ੍ਹਿਆ ਕਰ, ਪਰਮਾਤਮਾ ਦਾ ਨਾਮ ਲਿਖਦਾ ਰਹੁ, ਪਰਮਾਤਮਾ ਦਾ ਨਾਮ ਜਪਿਆ ਕਰ, ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਇਆ ਕਰ। ਪਰਮਾਤਮਾ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ।
29086	669	ਮਨਿ ਬਚਨਿ ਰਿਦੈ ਧਿਆਇ ਹਰਿ ਹੋਇ ਸੰਤੁਸਟੁ ਇਵ ਭਣੁ ਹਰਿ ਨਾਮੁ ਮੁਰਾਰੀ॥੧॥	(ਸੰ-ਤੁਸਟੁ) ਤ੍ਰਿਪਤ ਹੋ ਕੇ	Man Bachan Ridhai Dhhiaae Har Hoe Santhusatt Eiv Bhan Har Naam Muraaree ||1||	In your mind, by your words, and within your heart, meditate on the Lord, and He will be pleased. In this way, repeat the Name of the Lord. ||1||	ਹੇ ਭਾਈ! ਮਨ ਵਿਚ, ਹਿਰਦੇ ਵਿਚ, ਜੀਭ ਨਾਲ ਪਰਮਾਤਮਾ ਦਾ ਨਾਮ ਯਾਦ ਕਰਿਆ ਕਰ। ਹੇ ਭਾਈ! ਸੰਤੋਖੀ ਹੋ ਕੇ ਇਸ ਤਰ੍ਹਾਂ ਪਰਮਾਤਮਾ ਦਾ ਨਾਮ ਉਚਾਰਿਆ ਕਰ ॥੧॥
29087	669	ਮਨਿ ਜਪੀਐ ਹਰਿ ਜਗਦੀਸ॥	ਜੱਗਦੀਸ	Man Japeeai Har Jagadhees ||	O mind, meditate on the Lord, the Lord of the World.	ਹੇ ਮਿੱਤਰ! ਜਗਤ ਦੇ ਮਾਲਕ ਹਰੀ ਦਾ ਨਾਮ ਮਨ ਵਿਚ ਜਪਣਾ ਚਾਹੀਦਾ ਹੈ।
29088	669	ਮਿਲਿ ਸੰਗਤਿ ਸਾਧੂ ਮੀਤ॥		Mil Sangath Saadhhoo Meeth ||	Join the Saadh Sangat, the Company of the Holy, O friend.	ਹੇ ਮਿੱਤਰ! ਗੁਰੂ ਦੀ ਸੰਗਤਿ ਵਿਚ ਮਿਲ ਕੇ-

29089	669	ਸਦਾ ਅਨੰਦੁ ਹੋਵੈ ਦਿਨੁ ਰਾਤੀ ਹਰਿ ਕੀਰਤਿ ਕਰਿ ਬਨਵਾਰੀ॥ਰਹਾਉ॥		Sadhaa Anandh Hovai Dhin Raathee Har Keerath Kar Banavaaree || Rehaao ||	You shall be happy forever, day and night; sing the Praises of the Lord, the Lord of the world-forest. ||Pause||	ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਿਆ ਕਰ, (ਇਸ ਤਰ੍ਹਾਂ) ਦਿਨ ਰਾਤ ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ ਰਹਾਉ॥
29090	669	ਹਰਿ ਹਰਿ ਕਰੀ ਦ੍ਰਿਸਟਿ ਤਬ ਭਇਓ ਮਨਿ ਉਦਮੁ ਹਰਿ ਹਰਿ ਨਾਮੁ ਜਪਿਓ ਗਤਿ ਭਈ ਹਮਾਰੀ॥		Har Har Karee Dhrisatt Thab Bhaeiou Man Oudham Har Har Naam Japiou Gath Bhee Hamaaree ||	When the Lord, Har, Har, casts His Glance of Grace, then I made the effort in my mind; meditating on the Name of the Lord, Har, Har, I have been emancipated.	ਹੇ ਭਾਈ! ਜਦੋਂ ਪਰਮਾਤਮਾ ਨੇ ਮੇਹਰ ਦੀ ਨਜ਼ਰ ਕੀਤੀ, ਤਦੋਂ ਮਨ ਵਿਚ ਉੱਦਮ ਪੈਦਾ ਹੋਇਆ, ਤਦੋਂ ਹੀ ਅਸਾਂ ਨਾਮ ਜਪਿਆ, ਤੇ, ਸਾਡੀ ਉੱਚੀ ਆਤਮਕ ਅਵਸਥਾ ਬਣ ਗਈ।
29091	669	ਜਨ ਨਾਨਕ ਕੀ ਪਤਿ ਰਾਖੁ ਮੇਰੇ ਸੁਆਮੀ ਹਰਿ ਆਇ ਪਰਿਓ ਹੈ ਸਰਣਿ ਤੁਮਾਰੀ॥੨॥੩॥੯॥		Jan Naanak Kee Path Raakh Maerae Suaamee Har Aae Pariou Hai Saran Thumaaree ||2||3||9||	Preserve the honor of servant Nanak, O my Lord and Master; I have come seeking Your Sanctuary. ||2||3||9||	ਹੇ ਮੇਰੇ ਮਾਲਕ-ਪ੍ਰਭੂ! ਆਪਣੇ ਦਾਸ ਨਾਨਕ ਦੀ ਇੱਜ਼ਤ ਰੱਖ, ਤੇਰਾ ਇਹ ਦਾਸ ਤੇਰੀ ਸਰਨ ਆ ਪਿਆ ਹੈ (ਆਪਣੇ ਦਾਸ ਨੂੰ ਨਾਮ ਜਪਣ ਦੀ ਦਾਤਿ ਬਖ਼ਸ਼) ॥੨॥੩॥੯॥

29092	669	ਧਨਾਸਰੀ ਮਹਲਾ ੪॥		Dhhanaasaree Mehalaa 4 ||	Dhanaasaree, Fourth Mehl:	
29093	669	ਚਉਰਾਸੀਹ ਸਿਧ ਬੁਧ ਤੇਤੀਸ ਕੋਟਿ ਮੁਨਿ ਜਨ ਸਭਿ ਚਾਹਹਿ ਹਰਿ ਜੀਉ ਤੇਰੋ ਨਾਉ॥	ਚਉਰਾੱਸੀਹ ਸਿੱਧ ਬੁੱਧ ਤੇੱਤੀਸ ਚਾਹ-ਹਿ	Chouraaseeh Sidhh Budhh Thaethees Kott Mun Jan Sabh Chaahehi Har Jeeo Thaero Naao ||	The eighty-four Siddhas, the spiritual masters, the Buddhas, the three hundred thirty million gods and the silent sages, all long for Your Name, O Dear Lord.	ਹੇ ਪ੍ਰਭੂ! ਜੋਗ-ਮਤ ਦੇ ਚੌਰਾਸੀ ਆਗੂ, ਮਹਾਤਮਾ ਬੁਧ ਵਰਗੇ ਗਿਆਨਵਾਨ, ਤੇਤੀ ਕ੍ਰੋੜ ਦੇਵਤੇ, ਅਨੇਕਾਂ ਰਿਸ਼ੀ ਮੁਨੀ- ਇਹ ਸਾਰੇ ਤੇਰਾ ਨਾਮ (ਪ੍ਰਾਪਤ ਕਰਨਾ) ਚਾਹੁੰਦੇ ਹਨ,
29094	669	ਗੁਰ ਪ੍ਰਸਾਦਿ ਕੋ ਵਿਰਲਾ ਪਾਵੈ ਜਿਨ ਕਉ ਲਿਲਾਟਿ ਲਿਖਿਆ ਧੁਰਿ ਭਾਉ॥੧॥	(ਲਿਲਾਟਿ) ਮੱਥੇ	Gur Prasaadh Ko Viralaa Paavai Jin Ko Lilaatt Likhiaa Dhhur Bhaao ||1||	By Guru's Grace, a rare few obtain it; upon their foreheads, the pre-ordained destiny of loving devotion is written. ||1||	ਪਰ ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਨਾਲ (ਇਹ ਦਾਤਿ) ਹਾਸਲ ਕਰਦਾ ਹੈ। (ਨਾਮ ਦੀ ਦਾਤਿ ਉਹਨਾਂ ਨੂੰ ਮਿਲਦੀ ਹੈ) ਜਿਨ੍ਹਾਂ ਵਾਸਤੇ ਮੱਥੇ ਉਤੇ ਧੁਰ ਦਰਗਾਹ ਤੋਂ ਹਰਿ-ਨਾਮ ਦਾ ਪ੍ਰੇਮ ਲਿਖਿਆ ਹੋਇਆ ਹੈ ॥੧॥
29095	669	ਜਪਿ ਮਨ ਰਾਮੈ ਨਾਮੁ ਹਰਿ ਜਸੁ ਊਤਮ ਕਾਮ॥		Jap Man Raamai Naam Har Jas Ootham Kaam ||	O mind, chant the Name of the Lord; singing the Lord's Praises is the most exalted activity.	ਹੇ ਮਨ! ਪਰਮਾਤਮਾ ਦਾ ਨਾਮ ਹੀ ਜਪਿਆ ਕਰ। ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਸਭ ਤੋਂ ਸ੍ਰੇਸ਼ਟ ਕੰਮ ਹੈ।

29096	669	ਜੋ ਗਾਵਹਿ ਸੁਣਹਿ ਤੇਰਾ ਜਸੁ ਸੁਆਮੀ ਹਉ ਤਿਨ ਕੈ ਸਦ ਬਲਿਹਾਰੈ ਜਾਉ॥ਰਹਾਉ॥		Jo Gaavehi Sunehi Thaeraa Jas Suaamee Ho Thin Kai Sadh Balihaarai Jaao || Rehaao ||	I am forever a sacrifice to those who sing, and hear Your Praises, O Lord and Master. ||Pause||	ਹੇ ਮਾਲਕ-ਪ੍ਰਭੂ! ਜੇਹੜੇ ਮਨੁੱਖ ਤੇਰੀ ਸਿਫ਼ਤ-ਸਾਲਾਹ ਗਾਂਦੇ ਹਨ ਸੁਣਦੇ ਹਨ, ਮੈਂ ਉਹਨਾਂ ਤੋਂ ਸਦਾ ਕੁਰਬਾਨ ਜਾਂਦਾ ਹਾਂ ਰਹਾਉ॥
29097	669	ਸਰਣਾਗਤਿ ਪ੍ਰਤਿਪਾਲਕ ਹਰਿ ਸੁਆਮੀ ਜੋ ਤੁਮ ਦੇਹੁ ਸੋਈ ਹਉ ਪਾਉ॥	ਸਰ-ਣਾਗਤਿ	Saranaagath Prathipaalak Har Suaamee Jo Thum Dhaehu Soee Ho Paao ||	I seek Your Sanctuary, O Cherisher God, my Lord and Master; whatever You give me, I accept.	ਹੇ ਸਰਨ ਆਇਆਂ ਦੀ ਪਾਲਣਾ ਕਰਨ ਵਾਲੇ ਮਾਲਕ-ਪ੍ਰਭੂ! ਮੈਂ (ਤੇਰੇ ਦਰ ਤੋਂ) ਉਹੀ ਕੁਝ ਲੈ ਸਕਦਾ ਹਾਂ ਜੋ ਤੂੰ ਆਪ ਦੇਂਦਾ ਹੈਂ।
29098	669	ਦੀਨ ਦਇਆਲ ਕ੍ਰਿਪਾ ਕਰਿ ਦੀਜੈ ਨਾਨਕ ਹਰਿ ਸਿਮਰਣ ਕਾ ਹੈ ਚਾਉ॥੨॥੪॥੧੦॥		Dheen Dhaeiaal Kirapaa Kar Dheejai Naanak Har Simaran Kaa Hai Chaao ||2||4||10||	O Lord, Merciful to the meek, give me this blessing; Nanak longs for the Lord's meditative remembrance. ||2||4||10||	ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਕਿਰਪਾ ਕਰ ਕੇ ਨਾਨਕ ਨੂੰ ਆਪਣੇ ਨਾਮ ਦੀ ਦਾਤਿ ਦੇਹ, (ਨਾਨਕ ਨੂੰ) ਤੇਰਾ ਨਾਮ ਸਿਮਰਨ ਦਾ ਚਾਉ ਹੈ ॥੨॥੪॥੧੦॥
29099	669	ਧਨਾਸਰੀ ਮਹਲਾ ੪॥		Dhhanaasaree Mehalaa 4 ||	Dhanaasaree, Fourth Mehl:	

29100	669	ਸੇਵਕ ਸਿਖ ਪੂਜਣ ਸਭਿ ਆਵਹਿ ਸਭਿ ਗਾਵਹਿ ਹਰਿ ਹਰਿ ਊਤਮ ਬਾਨੀ॥		Saevak Sikh Poojan Sabh Aavehi Sabh Gaavehi Har Har Ootham Baanee ||	All the Sikhs and servants come to worship and adore You; they sing the sublime Bani of the Lord, Har, Har.	ਹੇ ਭਾਈ! ਸੇਵਕ (ਅਖਵਾਣ ਵਾਲੇ) ਸਿੱਖ (ਅਖਵਾਣ ਵਾਲੇ) ਸਾਰੇ (ਗੁਰੂ-ਦਰ ਤੇ ਪ੍ਰਭੂ ਦੀ) ਪੂਜਾ-ਭਗਤੀ ਕਰਨ ਆਉਂਦੇ ਹਨ, ਅਤੇ, ਪਰਮਾਤਮਾ ਦੀ ਸਿਫ਼ਤ-ਸਾਲਾਹ ਨਾਲ ਭਰਪੂਰ ਸ੍ਰੇਸ਼ਟ ਗੁਰਬਾਣੀ ਗਾਂਦੇ ਹਨ।
29101	669	ਗਾਵਿਆ ਸੁਣਿਆ ਤਿਨ ਕਾ ਹਰਿ ਥਾਇ ਪਾਵੈ ਜਿਨ ਸਤਿਗੁਰ ਕੀ ਆਗਿਆ ਸਤਿ ਸਤਿ ਕਰਿ ਮਾਨੀ॥੧॥		Gaaviaa Suniaa Thin Kaa Har Thhaae Paavai Jin Sathigur Kee Aagiaa Sath Sath Kar Maanee ||1||	Their singing and listening is approved by the Lord; they accept the Order of the True Guru as True, totally True. ||1||	ਪਰ ਪਰਮਾਤਮਾ ਉਹਨਾਂ ਮਨੁੱਖਾਂ ਦਾ ਬਾਣੀ ਗਾਉਣਾ ਅਤੇ ਸੁਣਨਾ ਕਬੂਲ ਕਰਦਾ ਹੈ, ਜਿਨ੍ਹਾਂ ਗੁਰੂ ਦੇ ਹੁਕਮ ਨੂੰ ਬਿਲਕੁਲ ਸਹੀ ਜਾਣ ਕੇ ਉਸ ਉਤੇ ਅਮਲ ਕੀਤਾ ਹੈ ॥੧॥
29102	669	ਬੋਲਹੁ ਭਾਈ ਹਰਿ ਕੀਰਤਿ ਹਰਿ ਭਵਜਲ ਤੀਰਥਿ॥		Bolahu Bhaaee Har Keerath Har Bhavajal Theerathh ||	Chant the Lord's Praises, O Siblings of Destiny; the Lord is the sacred shrine of pilgrimage in the terrifying world-ocean.	ਹੇ ਭਾਈ! ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲੇ (ਗੁਰੂ-) ਤੀਰਥ ਦੀ ਸਰਨ ਪੈ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਿਆ ਕਰੋ।

29103	669	ਹਰਿ ਦਰਿ ਤਿਨ ਕੀ ਊਤਮ ਬਾਤ ਹੈ ਸੰਤਹੁ ਹਰਿ ਕਥਾ ਜਿਨ ਜਨਹੁ ਜਾਨੀ॥ਰਹਾਉ॥		Har Dhar Thin Kee Ootham Baath Hai Santhahu Har Kathhaa Jin Janahu Jaanee || Rehaao ||	They alone are praised in the Court of the Lord, O Saints, who know and understand the Lord's sermon. ||Pause||	ਹੇ ਸੰਤ ਜਨੋ! ਪਰਮਾਤਮਾ ਦੇ ਦਰ ਤੇ ਉਹਨਾਂ ਮਨੁੱਖਾਂ ਦੀ ਚੰਗੀ ਸੋਭਾ ਹੁੰਦੀ ਹੈ, ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਨਾਲ ਡੂੰਘੀ ਸਾਂਝ ਪਾਈ ਹੈ ਰਹਾਉ॥
29104	669	ਆਪੇ ਗੁਰੁ ਚੇਲਾ ਹੈ ਆਪੇ ਆਪੇ ਹਰਿ ਪ੍ਰਭੁ ਚੋਜ ਵਿਡਾਨੀ॥		Aapae Gur Chaelaa Hai Aapae Aapae Har Prabh Choj Viddaanee ||	He Himself is the Guru, and He Himself is the disciple; the Lord God Himself plays His wondrous games.	ਹੇ ਭਾਈ! ਪ੍ਰਭੂ ਆਪ ਹੀ ਗੁਰੂ ਹੈ, ਆਪ ਹੀ ਸਿੱਖ ਹੈ, ਪ੍ਰਭੂ ਆਪ ਹੀ ਅਚਰਜ ਤਮਾਸ਼ੇ ਕਰਨ ਵਾਲਾ ਹੈ।
29105	669	ਜਨ ਨਾਨਕ ਆਪਿ ਮਿਲਾਏ ਸੋਈ ਹਰਿ ਮਿਲਸੀ ਅਵਰ ਸਭ ਤਿਆਗਿ ਓਹਾ ਹਰਿ ਭਾਨੀ॥੨॥੫॥੧੧॥		Jan Naanak Aap Milaaeae Soee Har Milasee Avar Sabh Thiaag Ouhaa Har Bhaanee ||2||5||11||	O servant Nanak, he alone merges with the Lord, whom the Lord Himself merges; all the others are forsaken, but the Lord loves him. ||2||5||11||	ਹੇ ਦਾਸ ਨਾਨਕ! ਉਹੀ ਮਨੁੱਖ ਪਰਮਾਤਮਾ ਨੂੰ ਮਿਲ ਸਕਦਾ ਹੈ ਜਿਸ ਨੂੰ ਪਰਮਾਤਮਾ ਆਪ ਮਿਲਾਂਦਾ ਹੈ। ਹੇ ਭਾਈ! ਹੋਰ ਸਾਰਾ (ਆਸਰਾ-ਪਰਨਾ) ਛੱਡ (ਗੁਰੂ ਦੀ ਆਗਿਆ ਵਿਚ ਤੁਰ ਕੇ ਸਿਫ਼ਤ-ਸਾਲਾਹ ਕਰਿਆ ਕਰ) ਪ੍ਰਭੂ ਨੂੰ ਉਹ ਸਿਫ਼ਤ-ਸਾਲਾਹ ਹੀ ਪਿਆਰੀ ਲੱਗਦੀ ਹੈ ॥੨॥੫॥੧੧॥
29106	669	ਧਨਾਸਰੀ ਮਹਲਾ ੪॥		Dhhanaasaree Mehalaa 4 ||	Dhanaasaree, Fourth Mehl:	

29107	669	ਇਛਾ ਪੂਰਕੁ ਸਰਬ ਸੁਖਦਾਤਾ ਹਰਿ ਜਾ ਕੈ ਵਸਿ ਹੈ ਕਾਮਧੇਨਾ॥		Eishhaa Poorak Sarab Sukhadhaathaa Har Jaa Kai Vas Hai Kaamadhhaenaa ||	The Lord is the Fulfiller of desires, the Giver of total peace; the Kaamadhaynaa, the wish-fulfilling cow, is in His power.	ਹੇ ਮੇਰੀ ਜਿੰਦੇ! ਜੇਹੜਾ ਹਰੀ ਸਾਰੀਆਂ ਕਾਮਨਾਂ ਪੂਰੀਆਂ ਕਰਨ ਵਾਲਾ ਹੈ, ਜੇਹੜਾ ਸਾਰੇ ਸੁਖ ਦੇਣ ਵਾਲਾ ਹੈ, ਜਿਸ ਦੇ ਵੱਸ ਵਿਚ (ਸੁਰਗ ਵਿਚ ਰਹਿਣ ਵਾਲੀ ਸਮਝੀ ਗਈ) ਕਾਮਧੇਨ ਹੈ।
29108	669	ਸੋ ਐਸਾ ਹਰਿ ਧਿਆਈਐ ਮੇਰੇ ਜੀਅੜੇ ਤਾ ਸਰਬ ਸੁਖ ਪਾਵਹਿ ਮੇਰੇ ਮਨਾ॥੧॥		So Aisaa Har Dhhiaaeeai Maerae Jeearrae Thaa Sarab Sukh Paavehi Maerae Manaa ||1||	So meditate on such a Lord, O my soul. Then, you shall obtain total peace, O my mind. ||1||	ਹੇ ਮੇਰੇ ਮਨ! ਉਸ ਅਜੇਹੀ ਸਮਰਥਾ ਵਾਲੇ ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ। (ਜਦੋਂ ਤੂੰ ਪਰਮਾਤਮਾ ਦਾ ਸਿਮਰਨ ਕਰੇਂਗਾ) ਤਦੋਂ ਸਾਰੇ ਸੁਖ ਹਾਸਲ ਕਰ ਲਏਂਗਾ ॥੧॥
29109	670	ਜਪਿ ਮਨ ਸਤਿਨਾਮੁ ਸਦਾ ਸਤਿਨਾਮੁ॥		Jap Man Sath Naam Sadhaa Sath Naam ||	Chant, O my mind, the True Name, Sat Naam, the True Name.	ਹੇ ਮਨ! ਸਦਾ-ਥਿਰ ਪ੍ਰਭੂ ਦਾ ਨਾਮ ਸਦਾ ਜਪਿਆ ਕਰ।
29110	670	ਹਲਤਿ ਪਲਤਿ ਮੁਖ ਊਜਲ ਹੋਈ ਹੈ ਨਿਤ ਧਿਆਈਐ ਹਰਿ ਪੁਰਖੁ ਨਿਰੰਜਨਾ॥ਰਹਾਉ॥		Halath Palath Mukh Oojal Hoee Hai Nith Dhhiaaeeai Har Purakh Niranjanaa || Rehaao ||	In this world, and in the world beyond, your face shall be radiant, by meditating continually on the immaculate Lord God. ||Pause||	ਹੇ ਭਾਈ! ਸਰਬ-ਵਿਆਪਕ ਨਿਰਲੇਪ ਹਰੀ ਦਾ ਸਦਾ ਧਿਆਨ ਧਰਨਾ ਚਾਹੀਦਾ ਹੈ, (ਇਸ ਤਰ੍ਹਾਂ) ਲੋਕ ਪਰਲੋਕ ਵਿਚ ਇੱਜ਼ਤ ਖੱਟ ਲਈਦੀ ਹੈ ਰਹਾਉ॥

29111	670	ਜਹ ਹਰਿ ਸਿਮਰਨੁ ਭਇਆ ਤਹ ਉਪਾਧਿ ਗਤੁ ਕੀਨੀ ਵਡਭਾਗੀ ਹਰਿ ਜਪਨਾ॥	(ਉਪਾਧਿ) ਝਗੜੇ। (ਗਤਿ) ਖਤਮ	Jeh Har Simaran Bhaeiaa Theh Oupaadhh Gath Keenee Vaddabhaagee Har Japanaa ||	Wherever anyone remembers the Lord in meditation, disaster runs away from that place. By great good fortune, we meditate on the Lord.	ਹੇ ਭਾਈ! ਜਿਸ ਹਿਰਦੇ ਵਿਚ ਪਰਮਾਤਮਾ ਦੀ ਭਗਤੀ ਹੁੰਦੀ ਹੈ ਉਸ ਵਿਚੋਂ ਹਰੇਕ ਕਿਸਮ ਦਾ ਝਗੜਾ-ਬਖੇੜਾ ਚਾਲੇ ਪਾ ਜਾਂਦਾ ਹੈ। (ਫਿਰ ਭੀ) ਵੱਡੇ ਭਾਗਾਂ ਨਾਲ ਹੀ ਪਰਮਾਤਮਾ ਦਾ ਭਜਨ ਹੋ ਸਕਦਾ ਹੈ।
29112	670	ਜਨ ਨਾਨਕ ਕਉ ਗੁਰਿ ਇਹ ਮਤਿ ਦੀਨੀ ਜਪਿ ਹਰਿ ਭਵਜਲੁ ਤਰਨਾ॥੨॥੬॥੧੨॥		Jan Naanak Ko Gur Eih Math Dheenee Jap Har Bhavajal Tharanaa ||2||6||12||	The Guru has blessed servant Nanak with this understanding, that by meditating on the Lord, we cross over the terrifying world-ocean. ||2||6||12||	ਹੇ ਭਾਈ! ਦਾਸ ਨਾਨਕ ਨੂੰ (ਤਾਂ) ਗੁਰੂ ਨੇ ਇਹ ਸਮਝ ਬਖ਼ਸ਼ੀ ਹੈ ਕਿ ਪਰਮਾਤਮਾ ਦਾ ਨਾਮ ਜਪ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ ॥੨॥੬॥੧੨॥
29113	670	ਧਨਾਸਰੀ ਮਹਲਾ ੪॥		Dhhanaasaree Mehalaa 4 ||	Dhanaasaree, Fourth Mehl:	
29114	670	ਮੇਰੇ ਸਾਹਾ ਮੈ ਹਰਿ ਦਰਸਨ ਸੁਖੁ ਹੋਇ॥		Maerae Saahaa Mai Har Dharasan Sukh Hoe ||	O my King, beholding the Blessed Vision of the Lord's Darshan, I am at peace.	ਹੇ ਮੇਰੇ ਪਾਤਿਸ਼ਾਹ! (ਮੇਹਰ ਕਰ) ਮੈਨੂੰ ਤੇਰੇ ਦਰਸਨ ਦਾ ਆਨੰਦ ਪ੍ਰਾਪਤ ਹੋ ਜਾਏ।

29115	670	ਹਮਰੀ ਬੇਦਨਿ ਤੂ ਜਾਨਤਾ ਸਾਹਾ ਅਵਰੁ ਕਿਆ ਜਾਨੈ ਕੋਇ॥ਰਹਾਉ॥	(ਬੇਦਨਿ) ਪੀੜ	Hamaree Baedhan Thoo Jaanathaa Saahaa Avar Kiaa Jaanai Koe || Rehaao ||	You alone know my inner pain, O King; what can anyone else know? ||Pause||	ਹੇ ਮੇਰੇ ਪਾਤਿਸ਼ਾਹ! ਮੇਰੇ ਦਿਲ ਦੀ ਪੀੜ ਤੂੰ ਹੀ ਜਾਣਦਾ ਹੈਂ। ਕੋਈ ਹੋਰ ਕੀ ਜਾਣ ਸਕਦਾ ਹੈ? ਰਹਾਉ॥
29116	670	ਸਾਚਾ ਸਾਹਿਬੁ ਸਚੁ ਤੂ ਮੇਰੇ ਸਾਹਾ ਤੇਰਾ ਕੀਆ ਸਚੁ ਸਭੁ ਹੋਇ॥		Saachaa Saahib Sach Thoo Maerae Saahaa Thaeraa Keeaa Sach Sabh Hoe ||	O True Lord and Master, You are truly my King; whatever You do, all that is True.	ਹੇ ਮੇਰੇ ਪਾਤਿਸ਼ਾਹ! ਤੂੰ ਸਦਾ ਕਾਇਮ ਰਹਿਣ ਵਾਲਾ ਮਾਲਕ ਹੈਂ, ਤੂੰ ਅਟੱਲ ਹੈਂ। ਜੋ ਕੁਝ ਤੂੰ ਕਰਦਾ ਹੈਂ, ਉਹ ਭੀ ਉਕਾਈ-ਹੀਣ ਹੈ (ਉਸ ਵਿਚ ਭੀ ਕੋਈ ਊਣਤਾ ਨਹੀਂ)।
29117	670	ਝੂਠਾ ਕਿਸ ਕਉ ਆਖੀਐ ਸਾਹਾ ਦੂਜਾ ਨਾਹੀ ਕੋਇ॥੧॥		Jhoothaa Kis Ko Aakheeai Saahaa Dhoojaa Naahee Koe ||1||	Who should I call a liar? There is no other than You, O King. ||1||	ਹੇ ਪਾਤਿਸ਼ਾਹ! (ਸਾਰੇ ਸੰਸਾਰ ਵਿਚ ਤੈਥੋਂ ਬਿਨਾ) ਹੋਰ ਕੋਈ ਨਹੀਂ ਹੈ (ਇਸ ਵਾਸਤੇ) ਕਿਸੇ ਨੂੰ ਝੂਠਾ ਆਖਿਆ ਨਹੀਂ ਜਾ ਸਕਦਾ ॥੧॥
29118	670	ਸਭਨਾ ਵਿਚਿ ਤੂ ਵਰਤਦਾ ਸਾਹਾ ਸਭਿ ਤੁਝਹਿ ਧਿਆਵਹਿ ਦਿਨੁ ਰਾਤਿ॥		Sabhanaa Vich Thoo Varathadhaa Saahaa Sabh Thujhehi Dhhiaavehi Dhin Raath ||	You are pervading and permeating in all; O King, everyone meditates on You, day and night.	ਹੇ ਮੇਰੇ ਪਾਤਿਸ਼ਾਹ! ਤੂੰ ਸਭ ਜੀਵਾਂ ਵਿਚ ਮੌਜੂਦ ਹੈਂ, ਸਾਰੇ ਜੀਵ ਦਿਨ ਰਾਤ ਤੇਰਾ ਹੀ ਧਿਆਨ ਧਰਦੇ ਹਨ।

29119	670	ਸਭਿ ਤੁਝ ਹੀ ਥਾਵਹੁ ਮੰਗਦੇ ਮੇਰੇ ਸਾਹਾ ਤੂ ਸਭਨਾ ਕਰਹਿ ਇਕ ਦਾਤਿ॥੨॥		Sabh Thujh Hee Thhaavahu Mangadhae Maerae Saahaa Thoo Sabhanaa Karehi Eik Dhaath ||2||	Everyone begs of You, O my King; You alone give gifts to all. ||2||	ਹੇ ਮੇਰੇ ਪਾਤਿਸ਼ਾਹ! ਸਾਰੇ ਜੀਵ ਤੇਰੇ ਪਾਸੋਂ ਹੀ (ਮੰਗਾਂ) ਮੰਗਦੇ ਹਨ। ਇਕ ਤੂੰ ਹੀ ਸਭ ਜੀਵਾਂ ਨੂੰ ਦਾਤਾਂ ਦੇ ਰਿਹਾ ਹੈਂ ॥੨॥
29120	670	ਸਭੁ ਕੋ ਤੁਝ ਹੀ ਵਿਚਿ ਹੈ ਮੇਰੇ ਸਾਹਾ ਤੁਝ ਤੇ ਬਾਹਰਿ ਕੋਈ ਨਾਹਿ॥		Sabh Ko Thujh Hee Vich Hai Maerae Saahaa Thujh Thae Baahar Koee Naahi ||	All are under Your Power, O my King; none at all are beyond You.	ਹੇ ਮੇਰੇ ਪਾਤਿਸ਼ਾਹ! ਹਰੇਕ ਜੀਵ ਤੇਰੇ ਹੁਕਮ ਵਿਚ ਹੈ, ਤੈਥੋਂ ਆਕੀ ਕੋਈ ਜੀਵ ਨਹੀਂ ਹੋ ਸਕਦਾ।
29121	670	ਸਭਿ ਜੀਅ ਤੇਰੇ ਤੂ ਸਭਸ ਦਾ ਮੇਰੇ ਸਾਹਾ ਸਭਿ ਤੁਝ ਹੀ ਮਾਹਿ ਸਮਾਹਿ॥੩॥		Sabh Jeea Thaerae Thoo Sabhas Dhaa Maerae Saahaa Sabh Thujh Hee Maahi Samaahi ||3||	All beings are Yours- You belong to all, O my King. All shall merge and be absorbed in You. ||3||	ਹੇ ਮੇਰੇ ਪਾਤਿਸ਼ਾਹ! ਸਾਰੇ ਜੀਵ ਤੇਰੇ ਪੈਦਾ ਕੀਤੇ ਹੋਏ ਹਨ, ਤੇ, ਇਹ ਸਾਰੇ ਤੇਰੇ ਵਿਚ ਹੀ ਲੀਨ ਹੋ ਜਾਂਦੇ ਹਨ ॥੩॥

29122	670	ਸਭਨਾ ਕੀ ਤੂ ਆਸ ਹੈ ਮੇਰੇ ਪਿਆਰੇ ਸਭਿ ਤੁਝਹਿ ਧਿਆਵਹਿ ਮੇਰੇ ਸਾਹ॥	ਹੈਂ	Sabhanaa Kee Thoo Aas Hai Maerae Piaarae Sabh Thujhehi Dhhiaavehi Maerae Saah ||	You are the hope of all, O my Beloved; all meditate on You, O my King.	ਹੇ ਮੇਰੇ ਪਿਆਰੇ ਪਾਤਿਸ਼ਾਹ! ਤੂੰ ਸਭ ਜੀਵਾਂ ਦੀ ਆਸਾਂ ਪੂਰੀਆਂ ਕਰਦਾ ਹੈਂ ਸਾਰੇ ਜੀਵ ਤੇਰਾ ਹੀ ਧਿਆਨ ਧਰਦੇ ਹਨ।
29123	670	ਜਿਉ ਭਾਵੈ ਤਿਉ ਰਖੁ ਤੂ ਮੇਰੇ ਪਿਆਰੇ ਸਚੁ ਨਾਨਕ ਕੇ ਪਾਤਿਸਾਹ॥੪॥੭॥੧੩॥		Jio Bhaavai Thio Rakh Thoo Maerae Piaarae Sach Naanak Kae Paathisaah ||4||7||13||	As it pleases You, protect and preserve me, O my Beloved; You are the True King of Nanak. ||4||7||13||	ਹੇ ਨਾਨਕ ਦੇ ਪਾਤਿਸ਼ਾਹ! ਹੇ ਮੇਰੇ ਪਿਆਰੇ! ਜਿਵੇਂ ਤੈਨੂੰ ਚੰਗਾ ਲੱਗਦਾ ਹੈ, ਤਿਵੇਂ ਮੈਨੂੰ (ਆਪਣੇ ਚਰਨਾਂ ਵਿਚ) ਰੱਖ। ਤੂੰ ਹੀ ਸਦਾ ਕਾਇਮ ਰਹਿਣ ਵਾਲਾ ਹੈਂ ॥੪॥੭॥੧੩॥
29124	670	ਧਨਾਸਰੀ ਮਹਲਾ ੫ ਘਰੁ ੧ ਚਉਪਦੇ		Dhhanaasaree Mehalaa 5 Ghar 1 Choupadhae	Dhanaasaree, Fifth Mehl, First House, Chau-Padas:	ਰਾਗ ਧਨਾਸਰੀ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
29125	670	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
29126	670	ਭਵ ਖੰਡਨ ਦੁਖਭੰਜਨ ਸ੍ਵਾਮੀ ਭਗਤਿ ਵਛਲ ਨਿਰੰਕਾਰੇ॥	(ਭਵ) ਸੰਸਾਰ, ਚਉਰਾਸੀ ਦਾ ਗੇੜ। (ਵਛਲ) ਪਿਆਰੇ	Bhav Khanddan Dhukh Bhanjan Svaamee Bhagath Vashhal Nirankaarae ||	O Destroyer of fear, Remover of suffering, Lord and Master, Lover of Your devotees, Formless Lord.	ਹੇ ਜਨਮ ਮਰਨ ਦਾ ਗੇੜ ਨਾਸ ਕਰਨ ਵਾਲੇ! ਹੇ ਦੁੱਖਾਂ ਦੇ ਦੂਰ ਕਰਨ ਵਾਲੇ! ਹੇ ਮਾਲਕ! ਹੇ ਭਗਤੀ ਨਾਲ ਪਿਆਰ ਕਰਨ ਵਾਲੇ! ਹੇ ਆਕਾਰ-ਰਹਿਤ!

29127	670	ਕੋਟਿ ਪਰਾਧ ਮਿਟੇ ਖਿਨ ਭੀਤਰਿ ਜਾਂ ਗੁਰਮੁਖਿ ਨਾਮੁ ਸਮਾਰੇ॥੧॥		Kott Paraadhh Mittae Khin Bheethar Jaan Guramukh Naam Samaarae ||1||	Millions of sins are eradicated in an instant when, as Gurmukh, one contemplates the Naam, the Name of the Lord. ||1||	ਜਦੋਂ ਕੋਈ ਮਨੁੱਖ ਗੁਰੂ ਦੀ ਸਰਨ ਪੈ ਕੇ (ਤੇਰਾ) ਨਾਮ ਹਿਰਦੇ ਵਿਚ ਵਸਾਂਦਾ ਹੈ, ਉਸ ਦੇ ਕ੍ਰੋੜਾਂ ਪਾਪ ਇਕ ਖਿਨ ਵਿਚ ਮਿਟ ਜਾਂਦੇ ਹਨ ॥੧॥
29128	670	ਮੇਰਾ ਮਨੁ ਲਾਗਾ ਹੈ ਰਾਮ ਪਿਆਰੇ॥		Maeraa Man Laagaa Hai Raam Piaarae ||	My mind is attached to my Beloved Lord.	ਹੇ ਭਾਈ! ਮੇਰਾ ਮਨ ਪਿਆਰੇ ਪਰਮਾਤਮਾ (ਦੇ ਨਾਮ) ਨਾਲ ਗਿੱਝ ਗਿਆ ਹੈ।
29129	670	ਦੀਨ ਦਇਆਲਿ ਕਰੀ ਪ੍ਰਭਿ ਕਿਰਪਾ ਵਸਿ ਕੀਨੇ ਪੰਚ ਦੂਤਾਰੇ॥੧॥ਰਹਾਉ॥	ਵੱਸਿ	Dheen Dhaeiaal Karee Prabh Kirapaa Vas Keenae Panch Dhoothaarae ||1|| Rehaao ||	God, Merciful to the meek, granted His Grace, and placed the five enemies under my control. ||1||Pause||	ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ ਨੇ (ਆਪ ਹੀ) ਕਿਰਪਾ ਕੀਤੀ ਹੈ, ਤੇ, ਪੰਜੇ (ਕਾਮਾਦਿਕ) ਵੈਰੀ (ਮੇਰੇ) ਵੱਸ ਵਿਚ ਕਰ ਦਿੱਤੇ ਹਨ ॥੧॥ ਰਹਾਉ ॥
29130	670	ਤੇਰਾ ਥਾਨੁ ਸੁਹਾਵਾ ਰੂਪੁ ਸੁਹਾਵਾ ਤੇਰੇ ਭਗਤ ਸੋਹਹਿ ਦਰਬਾਰੇ॥	ਸੋਹ-ਹਿ	Thaeraa Thhaan Suhaavaa Roop Suhaavaa Thaerae Bhagath Sohehi Dharabaarae ||	Your place is so beautiful; Your form is so beautiful; Your devotees look so beautiful in Your Court.	ਹੇ ਪ੍ਰਭੂ! ਤੇਰਾ ਥਾਂ ਸੋਹਣਾ ਹੈ, ਤੇਰਾ ਰੂਪ ਸੋਹਣਾ ਹੈ। ਤੇਰੇ ਭਗਤ ਤੇਰੇ ਦਰਬਾਰ ਵਿਚ ਸੋਹਣੇ ਲੱਗਦੇ ਹਨ।

29131	670	ਸਰਬ ਜੀਆ ਕੇ ਦਾਤੇ ਸੁਆਮੀ ਕਰਿ ਕਿਰਪਾ ਲੇਹੁ ਉਬਾਰੇ॥੨॥		Sarab Jeeaa Kae Dhaathae Suaamee Kar Kirapaa Laehu Oubaarae ||2||	O Lord and Master, Giver of all beings, please, grant Your Grace, and save me. ||2||	ਹੇ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲੇ ਮਾਲਕ-ਪ੍ਰਭੂ! ਮੇਹਰ ਕਰ; (ਮੈਨੂੰ ਕਾਮਾਦਿਕ ਵੈਰੀਆਂ ਤੋਂ) ਬਚਾਈ ਰੱਖ ॥੨॥
29132	670	ਤੇਰਾ ਵਰਨੁ ਨ ਜਾਪੈ ਰੂਪੁ ਨ ਲਖੀਐ ਤੇਰੀ ਕੁਦਰਤਿ ਕਉਨੁ ਬੀਚਾਰੇ॥	(ਵਰਨੁ) ਰੂਪ	Thaeraa Varan N Jaapai Roop N Lakheeai Thaeree Kudharath Koun Beechaarae ||	Your color is not known, and Your form is not seen; who can contemplate Your Almighty Creative Power?	ਹੇ ਪ੍ਰਭੂ! ਤੇਰਾ ਕੋਈ ਰੰਗ ਨਹੀਂ ਦਿੱਸਦਾ; ਤੇਰੀ ਕੋਈ ਸ਼ਕਲ ਨਹੀਂ ਦਿੱਸਦੀ। ਕੋਈ ਮਨੁੱਖ ਨਹੀਂ ਸੋਚ ਸਕਦਾ ਕਿ ਤੇਰੀ ਕਿਤਨੀ ਕੁ ਤਾਕਤ ਹੈ।
29133	670	ਜਲਿ ਥਲਿ ਮਹੀਅਲਿ ਰਵਿਆ ਸ੍ਰਬ ਠਾਈ ਅਗਮ ਰੂਪ ਗਿਰਧਾਰੇ॥੩॥	(ਗਿਰਧਾਰੇ) ਅਕਾਲ ਪੁਰਖ	Jal Thhal Meheeal Raviaa Srab Thaaee Agam Roop Giradhhaarae ||3||	You are contained in the water, the land and the sky, everywhere, O Lord of unfathomable form, Holder of the mountain. ||3||	ਹੇ ਅਪਹੁੰਚ ਪਰਮਾਤਮਾ! ਤੂੰ ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ ਸਭ ਥਾਈਂ ਮੌਜੂਦ ਹੈਂ ॥੩॥
29134	670	ਕੀਰਤਿ ਕਰਹਿ ਸਗਲ ਜਨ ਤੇਰੀ ਤੂ ਅਬਿਨਾਸੀ ਪੁਰਖੁ ਮੁਰਾਰੇ॥		Keerath Karehi Sagal Jan Thaeree Thoo Abinaasee Purakh Muraarae ||	All beings sing Your Praises; You are the imperishable Primal Being, the Destroyer of ego.	ਹੇ ਮੁਰਾਰੀ! ਤੂੰ ਨਾਸ-ਰਹਿਤ ਹੈਂ; ਤੂੰ ਸਰਬ-ਵਿਆਪਕ ਹੈਂ, ਤੇਰੇ ਸਾਰੇ ਸੇਵਕ ਤੇਰੀ ਸਿਫ਼ਤ-ਸਾਲਾਹ ਕਰਦੇ ਹਨ।

29135	670	ਜਿਉ ਭਾਵੈ ਤਿਉ ਰਾਖਹੁ ਸੁਆਮੀ ਜਨ ਨਾਨਕ ਸਰਨਿ ਦੁਆਰੇ॥੪॥੧॥		Jio Bhaavai Thio Raakhahu Suaamee Jan Naanak Saran Dhuaarae ||4||1||	As it pleases You, please protect and preserve me; servant Nanak seeks Sanctuary at Your Door. ||4||1||	ਹੇ ਦਾਸ ਨਾਨਕ! (ਆਖ-) ਹੇ ਸੁਆਮੀ! ਮੈਂ ਤੇਰੇ ਦਰ ਤੇ ਆ ਡਿੱਗਾ ਹਾਂ, ਮੈਂ ਤੇਰੀ ਸਰਨ ਆਇਆ ਹਾਂ। ਜਿਵੇਂ ਤੈਨੂੰ ਚੰਗਾ ਲੱਗੇ, ਉਸੇ ਤਰ੍ਹਾਂ ਮੇਰੀ ਰੱਖਿਆ ਕਰ ॥੪॥੧॥
29136	670	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29137	670	ਬਿਨੁ ਜਲ ਪ੍ਰਾਨ ਤਜੇ ਹੈ ਮੀਨਾ ਜਿਨਿ ਜਲ ਸਿਉ ਹੇਤੁ ਬਢਾਇਓ॥		Bin Jal Praan Thajae Hai Meenaa Jin Jal Sio Haeth Badtaaeiou ||	The fish out of water loses its life; it is deeply in love with the water.	ਹੇ ਭਾਈ! ਮੱਛੀ ਪਾਣੀ ਤੋਂ ਵਿਛੁੜ ਕੇ ਜਿੰਦ ਦੇ ਦੇਂਦੀ ਹੈ ਕਿਉਂਕਿ ਉਸ (ਮੱਛੀ) ਨੇ ਪਾਣੀ ਨਾਲ ਪਿਆਰ ਵਧਾਇਆ ਹੋਇਆ ਹੈ।
29138	670	ਕਮਲ ਹੇਤਿ ਬਿਨਸਿਓ ਹੈ ਭਵਰਾ ਉਨਿ ਮਾਰਗੁ ਨਿਕਸਿ ਨ ਪਾਇਓ॥੧॥		Kamal Haeth Binasiou Hai Bhavaraa Oun Maarag Nikas N Paaeiou ||1||	The bumble bee, totally in love with the lotus flower, is lost in it; it cannot find the way to escape from it. ||1||	ਕੌਲ-ਫੁੱਲ ਦੇ ਪਿਆਰ ਵਿਚ ਭੌਰੇ ਨੇ ਮੌਤ ਸਹੇੜ ਲਈ, (ਕਿਉਂਕਿ) ਉਸ ਨੇ (ਕੌਲ-ਫੁੱਲ ਵਿਚੋਂ) ਨਿਕਲ ਕੇ (ਬਾਹਰ ਦਾ) ਰਸਤਾ ਨਾਹ ਲੱਭਾ ॥੧॥
29139	670	ਅਬ ਮਨ ਏਕਸ ਸਿਉ ਮੋਹੁ ਕੀਨਾ॥		Ab Man Eaekas Sio Mohu Keenaa ||	Now, my mind has nurtured love for the One Lord.	ਹੇ ਮਨ! ਜਿਸ ਮਨੁੱਖ ਨੇ ਹੁਣ (ਇਸ ਜਨਮ ਵਿਚ) ਇੱਕ ਪਰਮਾਤਮਾ ਨਾਲ ਪਿਆਰ ਪਾ ਲਿਆ ਹੈ,

29140	670	ਮਰੈ ਨ ਜਾਵੈ ਸਦ ਹੀ ਸੰਗੇ ਸਤਿਗੁਰ ਸਬਦੀ ਚੀਨਾ॥੧॥ਰਹਾਉ॥	(ਚੀਨਾ) ਜਾਣਿਆ	Marai N Jaavai Sadh Hee Sangae Sathigur Sabadhee Cheenaa ||1|| Rehaao ||	He does not die, and is not born; He is always with me. Through the Word of the True Guru's Shabad, I know Him. ||1||Pause||	ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ, ਉਹ ਸਦਾ ਹੀ ਪਰਮਾਤਮਾ ਦੇ ਚਰਨਾਂ ਵਿਚ ਮਗਨ ਰਹਿੰਦਾ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਪਰਮਾਤਮਾ ਨਾਲ ਸਾਂਝ ਬਣਾਈ ਰੱਖਦਾ ਹੈ ॥੧॥ ਰਹਾਉ ॥
29141	671	ਕਾਮ ਹੇਤਿ ਕੁੰਚਰੁ ਲੈ ਫਾਂਕਿਓ ਓਹੁ ਪਰ ਵਸਿ ਭਇਓ ਬਿਚਾਰਾ॥	(ਫਾਂਕਿਓ) ਫਸਾ ਲਿਆ। ਵੱਸਿ	Kaam Haeth Kunchar Lai Faankiou Ouhu Par Vas Bhaeiou Bichaaraa ||	Lured by sexual desire, the elephant is trapped; the poor beast falls into the power of another.	ਹੇ ਭਾਈ! ਕਾਮ-ਵਾਸਨਾ ਦੀ ਖ਼ਾਤਰ ਹਾਥੀ ਫਸ ਗਿਆ, ਉਹ ਵਿਚਾਰਾ ਪਰ-ਅਧੀਨ ਹੋ ਗਿਆ।
29142	671	ਨਾਦ ਹੇਤਿ ਸਿਰੁ ਡਾਰਿਓ ਕੁਰੰਕਾ ਉਸ ਹੀ ਹੇਤ ਬਿਦਾਰਾ॥੨॥	(ਡਾਰਿਓ) ਸੁੱਟ ਦਿੱਤਾ। (ਬਿਦਾਰਾ) ਨਾਸ ਕੀਤਾ	Naadh Haeth Sir Ddaariou Kurankaa Ous Hee Haeth Bidhaaraa ||2||	Lured by the sound of the hunter's bell, the deer offers its head; because of this enticement, it is killed. ||2||	(ਘੰਡੇਹੇੜੇ ਦੀ) ਆਵਾਜ਼ ਦੇ ਪਿਆਰ ਵਿਚ ਹਰਨ ਆਪਣਾ ਸਿਰ ਦੇ ਬੈਠਦਾ ਹੈ, ਉਸੇ ਦੇ ਪਿਆਰ ਵਿਚ ਮਾਰਿਆ ਜਾਂਦਾ ਹੈ ॥੨॥
29143	671	ਦੇਖਿ ਕੁਟੰਬੁ ਲੋਭਿ ਮੋਹਿਓ ਪ੍ਰਾਨੀ ਮਾਇਆ ਕਉ ਲਪਟਾਨਾ॥		Dhaekh Kuttanb Lobh Mohiou Praanee Maaeiaa Ko Lapattaanaa ||	Gazing upon his family, the mortal is enticed by greed; he clings in attachment to Maya.	(ਹੇ ਭਾਈ! ਇਸੇ ਤਰ੍ਹਾਂ) ਮਨੁੱਖ (ਆਪਣਾ) ਪਰਵਾਰ ਵੇਖ ਕੇ (ਮਾਇਆ ਦੇ) ਲੋਭ ਵਿਚ ਫਸ ਜਾਂਦਾ ਹੈ, ਮਾਇਆ ਨਾਲ ਚੰਬੜਿਆ ਰਹਿੰਦਾ ਹੈ।

29144	671	ਅਤਿ ਰਚਿਓ ਕਰਿ ਲੀਨੋ ਅਪੁਨਾ ਉਨਿ ਛੋਡਿ ਸਰਾਪਰ ਜਾਨਾ॥੩॥	(ਰਚਿਓ) ਮਗਨ। (ਸਰਾ-ਪਰ) ਜ਼ਰੂਰ। ਅਤਿਪੋਲਾ	Ath Rachiou Kar Leeno Apunaa Oun Shhodd Saraapar Jaanaa ||3||	Totally engrossed in worldly things, he considers them to be his own; but in the end, he shall surely have to leave them behind. ||3||	(ਮਾਇਆ ਦੇ ਮੋਹ ਵਿਚ) ਬਹੁਤ ਮਗਨ ਰਹਿੰਦਾ ਹੈ, (ਮਾਇਆ ਨੂੰ) ਆਪਣੀ ਬਣਾ ਲੈਂਦਾ ਹੈ (ਇਹ ਨਹੀਂ ਸਮਝਦਾ ਕਿ ਆਖ਼ਰ) ਉਸ ਨੇ ਜ਼ਰੂਰ (ਸਭ ਕੁਝ) ਛੱਡ ਕੇ ਇਥੋਂ ਚਲੇ ਜਾਣਾ ਹੈ ॥੩॥
29145	671	ਬਿਨੁ ਗੋਬਿੰਦ ਅਵਰ ਸੰਗਿ ਨੇਹਾ ਓਹੁ ਜਾਣਹੁ ਸਦਾ ਦੁਹੇਲਾ॥	(ਦੁਹੇਲਾ) ਦੁਖੀ	Bin Gobindh Avar Sang Naehaa Ouhu Jaanahu Sadhaa Dhuhaelaa ||	Know it well, that anyone who loves any other than God, shall be miserable forever.	ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਤੋਂ ਬਿਨਾ ਹੋਰ ਨਾਲ ਪਿਆਰ ਪਾਂਦਾ ਹੈ, ਯਕੀਨ ਜਾਣੋ, ਉਹ ਸਦਾ ਦੁਖੀ ਰਹਿੰਦਾ ਹੈ।
29146	671	ਕਹੁ ਨਾਨਕ ਗੁਰ ਇਹੈ ਬੁਝਾਇਓ ਪ੍ਰੀਤਿ ਪ੍ਰਭੂ ਸਦ ਕੇਲਾ॥੪॥੨॥	(ਕੇਲਾ) ਅਨੰਦ। ਬੁੱਝਾਇਓ	Kahu Naanak Gur Eihai Bujhaaeiou Preeth Prabhoo Sadh Kaelaa ||4||2||	Says Nanak, the Guru has explained this to me, that love for God brings lasting bliss. ||4||2||	ਨਾਨਕ ਆਖਦਾ ਹੈ- ਗੁਰੂ ਨੇ (ਮੈਨੂੰ) ਇਹ ਹੀ ਸਮਝ ਦਿੱਤੀ ਹੈ ਕਿ ਪਰਮਾਤਮਾ ਨਾਲ ਪਿਆਰ ਕੀਤਿਆਂ ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ ॥੪॥੨॥
29147	671	ਧਨਾਸਰੀ ਮਃ ੫॥		Dhhanaasaree Ma 5 ||	Dhanaasaree, Fifth Mehl:	
29148	671	ਕਰਿ ਕਿਰਪਾ ਦੀਓ ਮੋਹਿ ਨਾਮਾ ਬੰਧਨ ਤੇ ਛੁਟਕਾਏ॥		Kar Kirapaa Dheeou Mohi Naamaa Bandhhan Thae Shhuttakaaeae ||	Granting His Grace, God has blessed me with His Name, and released me of my bonds.	(ਹੇ ਭਾਈ! ਸਾਧ ਸੰਗਤਿ ਨੇ) ਕਿਰਪਾ ਕਰ ਕੇ ਮੈਨੂੰ ਪਰਮਾਤਮਾ ਦਾ ਨਾਮ ਦਿੱਤਾ, (ਜਿਸ ਕਰਕੇ) ਮੈਨੂੰ ਮਾਇਆ ਦੇ ਬੰਧਨਾਂ ਤੋਂ ਛੁਡਾ ਲਿਆ,

29149	671	ਮਨ ਤੇ ਬਿਸਰਿਓ ਸਗਲੋ ਧੰਧਾ ਗੁਰ ਕੀ ਚਰਣੀ ਲਾਏ॥੧॥		Man Thae Bisariou Sagalo Dhhandhhaa Gur Kee Charanee Laaeae ||1||	I have forgotten all worldly entanglements, and I am attached to the Guru's feet. ||1||	ਤੇ ਗੁਰੂ ਦੀ ਚਰਨੀਂ ਲਾ ਕੇ ਮਨ ਤੋਂ ਸਾਰਾ ਝਗੜਾ-ਝੰਬੇਲਾ ਲਹਿ ਗਿਆ ॥੧॥
29150	671	ਸਾਧਸੰਗਿ ਚਿੰਤ ਬਿਰਾਨੀ ਛਾਡੀ॥	(ਬਿਰਾਨੀ) ਬਿਗਾਨੀ	Saadhhasang Chinth Biraanee Shhaaddee ||	In the Saadh Sangat, the Company of the Holy, I have renounced my other cares and anxieties.	ਹੇ ਭਾਈ! ਸਾਧ ਸੰਗਤਿ ਵਿਚ ਆ ਕੇ ਮੈਂ ਪਰਾਈ ਆਸ ਛੱਡ ਦਿੱਤੀ।
29151	671	ਅਹੰਬੁਧਿ ਮੋਹ ਮਨ ਬਾਸਨ ਦੇ ਕਰਿ ਗਡਹਾ ਗਾਡੀ॥੧॥ਰਹਾਉ॥	(ਬਾਸਨ) ਵਾਸਨਾ। (ਗਡਹਾ) ਟੋਏ ਚ (ਗਾਡੀ) ਦੱਬ ਦਿੱਤੀ। ਅਹੰ-ਬੁਧਿ	Ahanbudhh Moh Man Baasan Dhae Kar Gaddehaa Gaaddee ||1|| Rehaao ||	I dug a deep pit, and buried my egotistical pride, emotional attachment and the desires of my mind. ||1||Pause||	ਹਉਮੈ, ਮਾਇਆ ਦੇ ਮੋਹ, ਮਨ ਦੀ ਵਾਸਨਾ-ਇਹਨਾਂ ਸਭਨਾਂ ਨੂੰ ਟੋਆ ਪੁੱਟ ਕੇ ਨੱਪ ਦਿੱਤਾ (ਸਦਾ ਲਈ ਦੱਬ ਦਿੱਤਾ) ॥੧॥ ਰਹਾਉ ॥
29152	671	ਨਾ ਕੋ ਮੇਰਾ ਦੁਸਮਨੁ ਰਹਿਆ ਨਾ ਹਮ ਕਿਸ ਕੇ ਬੈਰਾਈ॥	(ਬੈਰਾਈ) ਵੈਰੀ	Naa Ko Maeraa Dhusaman Rehiaa Naa Ham Kis Kae Bairaaee ||	No one is my enemy, and I am no one's enemy.	(ਹੇ ਭਾਈ! ਸਾਧ ਸੰਗਤਿ ਦੀ ਬਰਕਤਿ ਨਾਲ) ਮੇਰਾ ਕੋਈ ਦੁਸ਼ਮਨ ਨਹੀਂ ਰਹਿ ਗਿਆ (ਮੈਨੂੰ ਕੋਈ ਵੈਰੀ ਨਹੀਂ ਦਿੱਸਦਾ), ਮੈਂ ਭੀ ਕਿਸੇ ਦਾ ਵੈਰੀ ਨਹੀਂ ਬਣਦਾ।

29153	671	ਬ੍ਰਹਮੁ ਪਸਾਰੁ ਪਸਾਰਿਓ ਭੀਤਰਿ ਸਤਿਗੁਰ ਤੇ ਸੋਝੀ ਪਾਈ॥੨॥		Breham Pasaar Pasaariou Bheethar Sathigur Thae Sojhee Paaee ||2||	God, who expanded His expanse, is within all; I learned this from the True Guru. ||2||	ਮੈਨੂੰ ਗੁਰੂ ਪਾਸੋਂ ਇਹ ਸਮਝ ਪ੍ਰਾਪਤ ਹੋ ਗਈ ਹੈ ਕਿ ਇਹ ਸਾਰਾ ਜਗਤ-ਖਿਲਾਰਾ ਪਰਮਾਤਮਾ ਆਪ ਹੀ ਹੈ, (ਸਭਨਾਂ ਦੇ) ਅੰਦਰ (ਪਰਮਾਤਮਾ ਨੇ ਆਪ ਹੀ ਆਪਣੇ ਆਪ ਨੂੰ) ਖਿਲਾਰਿਆ ਹੋਇਆ ਹੈ ॥੨॥
29154	671	ਸਭੁ ਕੋ ਮੀਤੁ ਹਮ ਆਪਨ ਕੀਨਾ ਹਮ ਸਭਨਾ ਕੇ ਸਾਜਨ॥		Sabh Ko Meeth Ham Aapan Keenaa Ham Sabhanaa Kae Saajan ||	I am a friend to all; I am everyone's friend.	(ਹੇ ਭਾਈ! ਸਾਧ ਸੰਗਤਿ ਦੀ ਬਰਕਤਿ ਨਾਲ) ਹਰੇਕ ਪ੍ਰਾਣੀ ਨੂੰ ਮੈਂ ਆਪਣਾ ਮਿੱਤਰ ਕਰ ਕੇ ਸਮਝਦਾ ਹਾਂ, ਮੈਂ ਭੀ ਸਭਨਾਂ ਦਾ ਮਿੱਤਰ-ਸੱਜਣ ਹੀ ਬਣਿਆ ਰਹਿੰਦਾ ਹਾਂ।
29155	671	ਦੂਰਿ ਪਰਾਇਓ ਮਨ ਕਾ ਬਿਰਹਾ ਤਾ ਮੇਲੁ ਕੀਓ ਮੇਰੈ ਰਾਜਨ॥੩॥	(ਬਿਰਹਾ) ਵਿਛੋੜਾ	Dhoor Paraaeiou Man Kaa Birehaa Thaa Mael Keeou Maerai Raajan ||3||	When the sense of separation was removed from my mind, then I was united with the Lord, my King. ||3||	ਮੇਰੇ ਮਨ ਦਾ (ਪਰਮਾਤਮਾ ਨਾਲੋਂ ਬਣਿਆ ਹੋਇਆ) ਵਿਛੋੜਾ (ਸਾਧ ਸੰਗਤਿ ਦੀ ਕਿਰਪਾ ਨਾਲ) ਕਿਤੇ ਦੂਰ ਚਲਾ ਗਿਆ ਹੈ, ਜਦੋਂ ਮੈਂ ਸਾਧ ਸੰਗਤਿ ਦੀ ਸਰਨ ਲਈ, ਤਦੋਂ ਮੇਰੇ ਪ੍ਰਭੂ-ਪਾਤਿਸ਼ਾਹ ਨੇ ਮੈਨੂੰ (ਆਪਣੇ ਚਰਨਾਂ ਦਾ) ਮਿਲਾਪ ਦੇ ਦਿੱਤਾ ਹੈ ॥੩॥

29156	671	ਬਿਨਸਿਓ ਢੀਠਾ ਅੰਮ੍ਰਿਤੁ ਵੂਠਾ ਸਬਦੁ ਲਗੋ ਗੁਰ ਮੀਠਾ॥	(ਢੀਠਾ) ਕਠੋਰ ਸੁਭਾਅ। (ਵੂਠਾ) ਵਸਿਆ। ਲੱਗੋ	Binasiou Dteethaa Anmrith Voothaa Sabadh Lago Gur Meethaa ||	My stubbornness is gone, Ambrosial Nectar rains down, and the Word of the Guru's Shabad seems so sweet to me.	(ਹੇ ਭਾਈ! ਸਾਧ ਸੰਗਤਿ ਦੀ ਕਿਰਪਾ ਨਾਲ ਮੇਰੇ ਮਨ ਦਾ) ਢੀਠ-ਪੁਣਾ ਮੁੱਕ ਗਿਆ ਹੈ, ਮੇਰੇ ਅੰਦਰ ਆਤਮਕ ਜੀਵਨ ਦੇਣ ਵਾਲਾ ਨਾਮ ਜਲ ਆ ਵੱਸਿਆ ਹੈ, ਗੁਰੂ ਦਾ ਸ਼ਬਦ ਮੈਨੂੰ ਪਿਆਰਾ ਲੱਗ ਰਿਹਾ ਹੈ।
29157	671	ਜਲਿ ਥਲਿ ਮਹੀਅਲਿ ਸਰਬ ਨਿਵਾਸੀ ਨਾਨਕ ਰਮਈਆ ਡੀਠਾ॥੪॥੩॥	(ਮਹੀਅਲਿ) ਜ਼ਮੀਨ ਉੱਤੇ, ਅਕਾਸ਼, ਤੇ ਪੁਲਾੜ ਚ। ਰ-ਮਈਆ	Jal Thhal Meheeal Sarab Nivaasee Naanak Rameeaa Ddeethaa ||4||3||	He is pervading everywhere, in the water, on the land and in the sky; Nanak beholds the all-pervading Lord. ||4||3||	ਹੇ ਨਾਨਕ! (ਆਖ-ਹੇ ਭਾਈ!) ਹੁਣ ਮੈਂ ਜਲ ਵਿਚ, ਧਰਤੀ ਵਿਚ, ਆਕਾਸ਼ ਵਿਚ, ਸਭ ਥਾਂ ਵੱਸਣ ਵਾਲੇ ਸੋਹਣੇ ਰਾਮ ਨੂੰ ਵੇਖ ਲਿਆ ਹੈ ॥੪॥੩॥
29158	671	ਧਨਾਸਰੀ ਮਃ ੫॥		Dhhanaasaree Ma 5 ||	Dhanaasaree, Fifth Mehl:	
29159	671	ਜਬ ਤੇ ਦਰਸਨ ਭੇਟੇ ਸਾਧੂ ਭਲੇ ਦਿਨਸ ਓਇ ਆਏ॥		Jab Thae Dharasan Bhaettae Saadhhoo Bhalae Dhinas Oue Aaeae ||	Ever since I obtained the Blessed Vision of the Darshan of the Holy, my days have been blessed and prosperous.	ਹੇ ਭਾਈ! ਜਦੋਂ ਤੋਂ ਗੁਰੂ ਦੇ ਦਰਸਨ ਪ੍ਰਾਪਤ ਹੋਏ ਹਨ, ਮੇਰੇ ਇਹੋ ਜਿਹੇ ਚੰਗੇ ਦਿਨ ਆ ਗਏ,
29160	671	ਮਹਾ ਅਨੰਦੁ ਸਦਾ ਕਰਿ ਕੀਰਤਨੁ ਪੁਰਖ ਬਿਧਾਤਾ ਪਾਏ॥੧॥	(ਬਿਧਾਤਾ) ਭਾਗ ਬਣਾਉਣ ਵਾਲੇ	Mehaa Anandh Sadhaa Kar Keerathan Purakh Bidhhaathaa Paaeae ||1||	I have found lasting bliss, singing the Kirtan of the Praises of the Primal Lord, the Architect of destiny. ||1||	ਕਿ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰ ਕਰ ਕੇ ਸਦਾ ਮੇਰੇ ਅੰਦਰ ਸੁਖ ਬਣਿਆ ਰਹਿੰਦਾ ਹੈ, ਮੈਨੂੰ ਸਰਬ-ਵਿਆਪਕ ਕਰਤਾਰ ਮਿਲ ਪਿਆ ਹੈ ॥੧॥

29161	671	ਅਬ ਮੋਹਿ ਰਾਮ ਜਸੋ ਮਨਿ ਗਾਇਓ॥		Ab Mohi Raam Jaso Man Gaaeiou ||	Now, I sing the Praises of the Lord within my mind.	ਹੇ ਭਾਈ! ਮੈਨੂੰ ਪੂਰਾ ਗੁਰੂ ਮਿਲ ਪਿਆ ਹੈ, (ਇਸ ਵਾਸਤੇ ਉਸ ਦੀ ਕਿਰਪਾ ਨਾਲ) ਹੁਣ ਮੈਂ ਪਰਮਾਤਮਾ ਦੀ ਸਿਫ਼ਤ-ਸਾਲਾਹ (ਆਪਣੇ) ਮਨ ਵਿਚ ਗਾ ਰਿਹਾ ਹਾਂ,
29162	671	ਭਇਓ ਪ੍ਰਗਾਸੁ ਸਦਾ ਸੁਖੁ ਮਨ ਮਹਿ ਸਤਿਗੁਰੁ ਪੂਰਾ ਪਾਇਓ॥੧॥ਰਹਾਉ॥		Bhaeiou Pragaas Sadhaa Sukh Man Mehi Sathigur Pooraa Paaeiou ||1|| Rehaao ||	My mind has been illumined and enlightened, and it is always at peace; I have found the Perfect True Guru. ||1||Pause||	(ਮੇਰੇ ਅੰਦਰ ਆਤਮਕ ਜੀਵਨ ਦਾ) ਚਾਨਣ ਹੋ ਗਿਆ ਹੈ, ਮੇਰੇ ਮਨ ਵਿਚ ਸਦਾ ਆਨੰਦ ਬਣਿਆ ਰਹਿੰਦਾ ਹੈ ॥੧॥ ਰਹਾਉ ॥
29163	671	ਗੁਣ ਨਿਧਾਨੁ ਰਿਦ ਭੀਤਰਿ ਵਸਿਆ ਤਾ ਦੂਖੁ ਭਰਮ ਭਉ ਭਾਗਾ॥		Gun Nidhhaan Ridh Bheethar Vasiaa Thaa Dhookh Bharam Bho Bhaagaa ||	The Lord, the treasure of virtue, abides deep within the heart, and so pain, doubt and fear have been dispelled.	(ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਦੋਂ ਤੋਂ) ਗੁਣਾਂ ਦਾ ਖ਼ਜ਼ਾਨਾ ਪਰਮਾਤਮਾ ਮੇਰੇ ਹਿਰਦੇ ਵਿਚ ਆ ਵੱਸਿਆ ਹੈ, ਤਦੋਂ ਤੋਂ ਮੇਰਾ ਦੁੱਖ ਭਰਮ ਡਰ ਦੂਰ ਹੋ ਗਿਆ ਹੈ।
29164	671	ਭਈ ਪਰਾਪਤਿ ਵਸਤੁ ਅਗੋਚਰ ਰਾਮ ਨਾਮਿ ਰੰਗੁ ਲਾਗਾ॥੨॥		Bhee Paraapath Vasath Agochar Raam Naam Rang Laagaa ||2||	I have obtained the most incomprehensible thing, enshrining love for the Name of the Lord. ||2||	ਪਰਮਾਤਮਾ ਦੇ ਨਾਮ ਵਿਚ ਮੇਰਾ ਪਿਆਰ ਬਣ ਗਿਆ ਹੈ, ਮੈਨੂੰ (ਉਹ ਉੱਤਮ) ਚੀਜ਼ ਪ੍ਰਾਪਤ ਹੋ ਗਈ ਹੈ ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਸੀ ਹੋ ਸਕਦੀ ॥੨॥

29165	671	ਚਿੰਤ ਅਚਿੰਤਾ ਸੋਚ ਅਸੋਚਾ ਸੋਗੁ ਲੋਭੁ ਮੋਹੁ ਥਾਕਾ॥		Chinth Achinthaa Soch Asochaa Sog Lobh Mohu Thhaakaa ||	I was anxious, and now I am free of anxiety; I was worried, and now I am free of worry; my grief, greed and emotional attachments are gone.	(ਹੇ ਭਾਈ! ਗੁਰੂ ਦੇ ਦਰਸਨ ਦੀ ਬਰਕਤਿ ਨਾਲ) ਮੈਂ ਸਾਰੀਆਂ ਚਿੰਤਾਂ ਤੇ ਸੋਚਾਂ ਤੋਂ ਬਚ ਗਿਆ ਹਾਂ, (ਮੇਰੇ ਅੰਦਰੋਂ) ਗ਼ਮ ਮੁੱਕ ਗਿਆ ਹੈ, ਲੋਭ ਖ਼ਤਮ ਹੋ ਗਿਆ ਹੈ, ਮੋਹ ਦੂਰ ਹੋ ਗਿਆ ਹੈ।
29166	671	ਹਉਮੈ ਰੋਗ ਮਿਟੇ ਕਿਰਪਾ ਤੇ ਜਮ ਤੇ ਭਏ ਬਿਬਾਕਾ॥੩॥	(ਬਿ-ਬਾਕਾ) ਨਿੱਡਰ	Houmai Rog Mittae Kirapaa Thae Jam Thae Bheae Bibaakaa ||3||	By His Grace, I am cured of the disease of egotism, and the Messenger of Death no longer terrifies me. ||3||	(ਗੁਰੂ ਦੀ) ਕਿਰਪਾ ਨਾਲ (ਮੇਰੇ ਅੰਦਰੋਂ) ਹਉਮੈ ਆਦਿਕ ਰੋਗ ਮਿਟ ਗਏ ਹਨ, ਮੈਂ ਜਮ-ਰਾਜ ਤੋਂ ਭੀ ਕੋਈ ਡਰ ਨਹੀਂ ਕਰਦਾ ॥੩॥
29167	671	ਗੁਰ ਕੀ ਟਹਲ ਗੁਰੂ ਕੀ ਸੇਵਾ ਗੁਰ ਕੀ ਆਗਿਆ ਭਾਣੀ॥		Gur Kee Ttehal Guroo Kee Saevaa Gur Kee Aagiaa Bhaanee ||	Working for the Guru, serving the Guru and the Guru's Command, all are pleasing to me.	ਹੇ ਭਾਈ! ਹੁਣ ਮੈਨੂੰ ਗੁਰੂ ਦੀ ਟਹਲ-ਸੇਵਾ, ਗੁਰੂ ਦੀ ਰਜ਼ਾ ਹੀ ਪਿਆਰੀ ਲੱਗਦੀ ਹੈ।
29168	671	ਕਹੁ ਨਾਨਕ ਜਿਨਿ ਜਮ ਤੇ ਕਾਢੇ ਤਿਸੁ ਗੁਰ ਕੈ ਕੁਰਬਾਣੀ॥੪॥੪॥		Kahu Naanak Jin Jam Thae Kaadtae This Gur Kai Kurabaanee ||4||4||	Says Nanak, He has released me from the clutches of Death; I am a sacrifice to that Guru. ||4||4||	ਨਾਨਕ ਆਖਦਾ ਹੈ- (ਹੇ ਭਾਈ! ਮੈਂ ਉਸ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਨੇ ਮੈਨੂੰ ਜਮਾਂ ਤੋਂ ਬਚਾ ਲਿਆ ਹੈ ॥੪॥੪॥

29169	671	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29170	671	ਜਿਸ ਕਾ ਤਨੁ ਮਨੁ ਧਨੁ ਸਭੁ ਤਿਸ ਕਾ ਸੋਈ ਸੁਘੜੁ ਸੁਜਾਨੀ॥	(ਸੁਘੜੁ) ਸੁੰਦਰ। (ਸੁਜਾਨੀ) ਸ੍ਰੇਸ਼ਟ ਜਾਣੀਜਾਣ	Jis Kaa Than Man Dhhan Sabh This Kaa Soee Sugharr Sujaanee ||	Body, mind, wealth and everything belong to Him; He alone is all-wise and all-knowing.	ਹੇ ਭਾਈ! ਜਿਸ ਪ੍ਰਭੂ ਦਾ ਦਿੱਤਾ ਹੋਇਆ ਇਹ ਸਰੀਰ ਤੇ ਮਨ ਹੈ, ਇਹ ਸਾਰਾ ਧਨ-ਪਦਾਰਥ ਭੀ ਉਸੇ ਦਾ ਦਿੱਤਾ ਹੋਇਆ ਹੈ, ਉਹੀ ਸੁਚੱਜਾ ਹੈ ਤੇ ਸਿਆਣਾ ਹੈ।
29171	671	ਤਿਨ ਹੀ ਸੁਣਿਆ ਦੁਖੁ ਸੁਖੁ ਮੇਰਾ ਤਉ ਬਿਧਿ ਨੀਕੀ ਖਟਾਨੀ॥੧॥	(ਨੀਕੀ) ਸੁੰਦਰ। (ਖਟਾਨੀ) ਲੱਗੀ	Thin Hee Suniaa Dhukh Sukh Maeraa Tho Bidhh Neekee Khattaanee ||1||	He listens to my pains and pleasures, and then my condition improves. ||1||	ਅਸਾਂ ਜੀਵਾਂ ਦਾ ਦੁੱਖ ਸੁਖ (ਸਦਾ) ਉਸ ਪਰਮਾਤਮਾ ਨੇ ਹੀ ਸੁਣਿਆ ਹੈ, (ਜਦੋਂ ਉਹ ਸਾਡੀ ਅਰਦਾਸ-ਅਰਜ਼ੋਈ ਸੁਣਦਾ ਹੈ) ਤਦੋਂ (ਸਾਡੀ) ਹਾਲਤ ਚੰਗੀ ਬਣ ਜਾਂਦੀ ਹੈ ॥੧॥
29172	671	ਜੀਅ ਕੀ ਏਕੈ ਹੀ ਪਹਿ ਮਾਨੀ॥		Jeea Kee Eaekai Hee Pehi Maanee ||	My soul is satisfied with the One Lord alone.	ਹੇ ਭਾਈ! ਜਿੰਦ ਦੀ (ਅਰਦਾਸ) ਇਕ ਪਰਮਾਤਮਾ ਦੇ ਕੋਲ ਹੀ ਮੰਨੀ ਜਾਂਦੀ ਹੈ।
29173	671	ਅਵਰਿ ਜਤਨ ਕਰਿ ਰਹੇ ਬਹੁਤੇਰੇ ਤਿਨ ਤਿਲੁ ਨਹੀ ਕੀਮਤਿ ਜਾਨੀ॥ਰਹਾਉ॥		Avar Jathan Kar Rehae Bahuthaerae Thin Thil Nehee Keemath Jaanee || Rehaao ||	People make all sorts of other efforts, but they have no value at all. ||Pause||	(ਪਰਮਾਤਮਾ ਦੇ ਆਸਰੇ ਤੋਂ ਬਿਨਾ ਲੋਕ) ਹੋਰ ਬਥੇਰੇ ਜਤਨ ਕਰ ਕੇ ਥੱਕ ਜਾਂਦੇ ਹਨ, ਉਹਨਾਂ ਜਤਨਾਂ ਦਾ ਮੁੱਲ ਇਕ ਤਿਲ ਜਿਤਨਾ ਭੀ ਨਹੀਂ ਸਮਝਿਆ ਜਾਂਦਾ ਰਹਾਉ॥

29174	671	ਅੰਮ੍ਰਿਤ ਨਾਮੁ ਨਿਰਮੋਲਕੁ ਹੀਰਾ ਗੁਰਿ ਦੀਨੋ ਮੰਤਾਨੀ॥		Anmrith Naam Niramolak Heeraa Gur Dheeno Manthaanee ||	The Ambrosial Naam, the Name of the Lord, is a priceless jewel. The Guru has given me this advice.	ਹੇ ਭਾਈ! ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ, ਨਾਮ ਇਕ ਐਸਾ ਹੀਰਾ ਹੈ ਜੇਹੜਾ ਕਿਸੇ ਮੁੱਲ ਤੋਂ ਨਹੀਂ ਮਿਲ ਸਕਦਾ। ਗੁਰੂ ਨੇ ਇਹ ਨਾਮ-ਮੰਤਰ (ਜਿਸ ਮਨੁੱਖ ਨੂੰ) ਦੇ ਦਿੱਤਾ,
29175	671	ਡਿਗੈ ਨ ਡੋਲੈ ਦ੍ਰਿੜੁ ਕਰਿ ਰਹਿਓ ਪੂਰਨ ਹੋਇ ਤ੍ਰਿਪਤਾਨੀ॥੨॥	(ਮਨ ਵਿਸ਼ੇ ਵਿਕਾਰਾਂ ਚ (ਡਿੱਗੈ) ਡਿੱਗਦਾ ਨਹੀਂ। (ਤ੍ਰਿਪਤਾਨੀ) ਤ੍ਰਿਪਤ	Ddigai N Ddolai Dhrirr Kar Rehiou Pooran Hoe Thripathaanee ||2||	It cannot be lost, and it cannot be shaken off; it remains steady, and I am perfectly satisfied with it. ||2||	ਉਹ ਮਨੁੱਖ (ਵਿਕਾਰਾਂ ਵਿਚ) ਡਿੱਗਦਾ ਨਹੀਂ, ਡੋਲਦਾ ਨਹੀਂ, ਉਹ ਮਨੁੱਖ ਪੱਕੇ ਇਰਾਦੇ ਵਾਲਾ ਬਣ ਜਾਂਦਾ ਹੈ, ਉਹ ਮੁਕੰਮਲ ਤੌਰ ਤੇ (ਮਾਇਆ ਵਲੋਂ) ਸੰਤੋਖੀ ਰਹਿੰਦਾ ਹੈ ॥੨॥
29176	671	ਓਇ ਜੁ ਬੀਚ ਹਮ ਤੁਮ ਕਛੁ ਹੋਤੇ ਤਿਨ ਕੀ ਬਾਤ ਬਿਲਾਨੀ॥	(ਬਿਲਾਨੀ) ਬੀਤ ਗਈ	Oue J Beech Ham Thum Kashh Hothae Thin Kee Baath Bilaanee ||	Those things which tore me away from You, Lord, are now gone.	(ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਪਾਸੋਂ ਨਾਮ-ਹੀਰਾ ਮਿਲ ਜਾਂਦਾ ਹੈ, ਉਸ ਦੇ ਅੰਦਰੋਂ) ਉਹਨਾਂ ਮੇਰ-ਤੇਰ ਵਾਲੇ ਸਾਰੇ ਵਿਤਕਰਿਆਂ ਦੀ ਗੱਲ ਮੁੱਕ ਜਾਂਦੀ ਹੈ ਜੋ ਜਗਤ ਵਿਚ ਬੜੇ ਪ੍ਰਬਲ ਹਨ।
29177	672	ਅਲੰਕਾਰ ਮਿਲਿ ਥੈਲੀ ਹੋਈ ਹੈ ਤਾ ਤੇ ਕਨਿਕ ਵਖਾਨੀ॥੩॥	(ਅਲੰਕਾਰ) ਗਹਿਣੇ ਢਲ ਕੇ ਸੋਨੇ ਦੀ (ਥੈਲੀ) ਡਲੀ	Alankaar Mil Thhailee Hoee Hai Thaa Thae Kanik Vakhaanee ||3||	When golden ornaments are melted down into a lump, they are still said to be gold. ||3||	(ਉਸ ਮਨੁੱਖ ਨੂੰ ਹਰ ਪਾਸੇ ਪਰਮਾਤਮਾ ਹੀ ਇਉਂ ਦਿੱਸਦਾ ਹੈ, ਜਿਵੇਂ) ਅਨੇਕਾਂ ਗਹਣੇ ਮਿਲ ਕੇ (ਗਾਲੇ ਜਾ ਕੇ) ਰੈਣੀ ਬਣ ਜਾਂਦੀ ਹੈ, ਤੇ, ਉਸ ਢੇਲੀ ਤੋਂ ਉਹ ਸੋਨਾ ਹੀ ਅਖਵਾਂਦੀ ਹੈ ॥੩॥

29178	672	ਪ੍ਰਗਟਿਓ ਜੋਤਿ ਸਹਜ ਸੁਖ ਸੋਭਾ ਬਾਜੇ ਅਨਹਤ ਬਾਨੀ॥		Pragattiou Joth Sehaj Sukh Sobhaa Baajae Anehath Baanee ||	The Divine Light has illuminated me, and I am filled with celestial peace and glory; the unstruck melody of the Lord's Bani resounds within me.	(ਹੇ ਭਾਈ! ਜਿਸ ਮਨੁੱਖ ਦੇ ਅੰਦਰ ਗੁਰੂ ਦੀ ਕਿਰਪਾ ਨਾਲ) ਪਰਮਾਤਮਾ ਦੀ ਜੋਤਿ ਦਾ ਪਰਕਾਸ਼ ਹੋ ਜਾਂਦਾ ਹੈ, ਉਸ ਦੇ ਅੰਦਰ ਆਤਮਕ ਅਡੋਲਤਾ ਦੇ ਆਨੰਦ ਪੈਦਾ ਹੋ ਜਾਂਦੇ ਹਨ, ਉਸ ਨੂੰ ਹਰ ਥਾਂ ਸੋਭਾ ਮਿਲਦੀ ਹੈ, ਉਸ ਦੇ ਹਿਰਦੇ ਵਿਚ ਸਿਫ਼ਤ-ਸਾਲਾਹ ਦੀ ਬਾਣੀ ਦੇ (ਮਾਨੋ) ਇਕ-ਰਸ ਵਾਜੇ ਵੱਜਦੇ ਰਹਿੰਦੇ ਹਨ।
29179	672	ਕਹੁ ਨਾਨਕ ਨਿਹਚਲ ਘਰੁ ਬਾਧਿਓ ਗੁਰਿ ਕੀਓ ਬੰਧਾਨੀ॥੪॥੫॥		Kahu Naanak Nihachal Ghar Baadhhiou Gur Keeou Bandhhaanee ||4||5||	Says Nanak, I have built my eternal home; the Guru has constructed it for me. ||4||5||	ਨਾਨਕ ਆਖਦਾ ਹੈ- ਗੁਰੂ ਨੇ ਜਿਸ ਮਨੁੱਖ ਵਾਸਤੇ ਇਹ ਪ੍ਰਬੰਧ ਕਰ ਦਿੱਤਾ, ਉਹ ਮਨੁੱਖ ਸਦਾ ਲਈ ਪ੍ਰਭੂ-ਚਰਨਾਂ ਵਿਚ ਟਿਕਾਣਾ ਪ੍ਰਾਪਤ ਕਰ ਲੈਂਦਾ ਹੈ ॥੪॥੫॥
29180	672	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29181	672	ਵਡੇ ਵਡੇ ਰਾਜਨ ਅਰੁ ਭੂਮਨ ਤਾ ਕੀ ਤ੍ਰਿਸਨ ਨ ਬੂਝੀ॥		Vaddae Vaddae Raajan Ar Bhooman Thaa Kee Thrisan N Boojhee ||	The desires of the greatest of the great kings and landlords cannot be satisfied.	(ਹੇ ਭਾਈ! ਦੁਨੀਆ ਵਿਚ) ਵੱਡੇ ਵੱਡੇ ਰਾਜੇ ਹਨ, ਵੱਡੇ ਵੱਡੇ ਜ਼ਿਮੀਦਾਰ ਹਨ, (ਮਾਇਆ ਵਲੋਂ) ਉਹਨਾਂ ਦੀ ਤ੍ਰਿਸ਼ਨਾ ਕਦੇ ਭੀ ਨਹੀਂ ਮੁੱਕਦੀ।

29182	672	ਲਪਟਿ ਰਹੇ ਮਾਇਆ ਰੰਗ ਮਾਤੇ ਲੋਚਨ ਕਛੂ ਨ ਸੂਝੀ॥੧॥	(ਲੋਚਨ) ਅੱਖਾਂ	Lapatt Rehae Maaeiaa Rang Maathae Lochan Kashhoo N Soojhee ||1||	They remain engrossed in Maya, intoxicated with the pleasures of their wealth; their eyes see nothing else at all. ||1||	ਉਹ ਮਾਇਆ ਦੇ ਕੌਤਕਾਂ ਵਿਚ ਮਸਤ ਰਹਿੰਦੇ ਹਨ, ਮਾਇਆ ਨਾਲ ਚੰਬੜੇ ਰਹਿੰਦੇ ਹਨ। (ਮਾਇਆ ਤੋਂ ਬਿਨਾ) ਹੋਰ ਕੁਝ ਉਹਨਾਂ ਨੂੰ ਅੱਖੀਂ ਦਿੱਸਦਾ ਹੀ ਨਹੀਂ ॥੧॥
29183	672	ਬਿਖਿਆ ਮਹਿ ਕਿਨ ਹੀ ਤ੍ਰਿਪਤਿ ਨ ਪਾਈ॥		Bikhiaa Mehi Kin Hee Thripath N Paaee ||	No one has ever found satisfaction in sin and corruption.	ਹੇ ਭਾਈ! ਮਾਇਆ (ਦੇ ਮੋਹ) ਵਿਚ (ਫਸੇ ਰਹਿ ਕੇ) ਕਿਸੇ ਮਨੁੱਖ ਨੇ (ਮਾਇਆ ਵਲੋਂ) ਰੱਜ ਪ੍ਰਾਪਤ ਨਹੀਂ ਕੀਤਾ।
29184	672	ਜਿਉ ਪਾਵਕੁ ਈਧਨਿ ਨਹੀ ਧ੍ਰਾਪੈ ਬਿਨੁ ਹਰਿ ਕਹਾ ਅਘਾਈ॥ਰਹਾਉ॥	(ਈਧਨਿ) ਬਾਲਣ	Jio Paavak Eedhhan Nehee Dhhraapai Bin Har Kehaa Aghaaee || Rehaao ||	The flame is not satisfied by more fuel; how can one be satisfied without the Lord? ||Pause||	ਜਿਵੇਂ ਅੱਗ ਬਾਲਣ ਨਾਲ ਨਹੀਂ ਰੱਜਦੀ, ਪਰਮਾਤਮਾ ਦੇ ਨਾਮ ਤੋਂ ਬਿਨਾ ਮਨੁੱਖ ਕਦੇ ਰੱਜ ਨਹੀਂ ਸਕਦਾ ਰਹਾਉ॥
29185	672	ਦਿਨੁ ਦਿਨੁ ਕਰਤ ਭੋਜਨ ਬਹੁ ਬਿੰਜਨ ਤਾ ਕੀ ਮਿਟੈ ਨ ਭੂਖਾ॥	(ਬਿੰਜਨ) ਸੁਆਦਲੇ ਖਾਣੇ	Dhin Dhin Karath Bhojan Bahu Binjan Thaa Kee Mittai N Bhookhaa ||	Day after day, he eats his meals with many different foods, but his hunger is not eradicated.	ਹੇ ਭਾਈ! ਜੇਹੜਾ ਮਨੁੱਖ ਹਰ ਰੋਜ਼ ਸੁਆਦਲੇ ਖਾਣੇ ਖਾਂਦਾ ਰਹਿੰਦਾ ਹੈ, ਉਸ ਦੀ (ਸੁਆਦਲੇ ਖਾਣਿਆਂ ਦੀ) ਭੁੱਖ ਕਦੇ ਨਹੀਂ ਮੁੱਕਦੀ।

29186	672	ਉਦਮੁ ਕਰੈ ਸੁਆਨ ਕੀ ਨਿਆਈ ਚਾਰੇ ਕੁੰਟਾ ਘੋਖਾ॥੨॥	(ਘੋਖਾ) ਖੋਜਦਾ	Oudham Karai Suaan Kee Niaaee Chaarae Kunttaa Ghokhaa ||2||	He runs around like a dog, searching in the four directions. ||2||	(ਸੁਆਦਲੇ ਖਾਣਿਆਂ ਦੀ ਖ਼ਾਤਰ) ਉਹ ਮਨੁੱਖ ਕੁੱਤੇ ਵਾਂਗ ਦੌੜ-ਭੱਜ ਕਰਦਾ ਰਹਿੰਦਾ ਹੈ, ਚਾਰੇ ਪਾਸੇ ਭਾਲਦਾ ਫਿਰਦਾ ਹੈ ॥੨॥
29187	672	ਕਾਮਵੰਤ ਕਾਮੀ ਬਹੁ ਨਾਰੀ ਪਰ ਗ੍ਰਿਹ ਜੋਹ ਨ ਚੂਕੈ॥	(ਜੋਹ) ਦੇਖਣਾ	Kaamavanth Kaamee Bahu Naaree Par Grih Joh N Chookai ||	The lustful, lecherous man desires many women, and he never stops peeking into the homes of others.	ਹੇ ਭਾਈ! ਕਾਮ-ਵੱਸ ਹੋਏ ਵਿਸ਼ਈ ਮਨੁੱਖ ਦੀਆਂ ਭਾਵੇਂ ਕਿਤਨੀਆਂ ਹੀ ਇਸਤ੍ਰੀਆਂ ਹੋਣ, ਪਰਾਏ ਘਰ ਵਲ ਉਸ ਦੀ ਮੰਦੀ ਨਿਗਾਹ ਫਿਰ ਭੀ ਨਹੀਂ ਹਟਦੀ।
29188	672	ਦਿਨ ਪ੍ਰਤਿ ਕਰੈ ਕਰੈ ਪਛੁਤਾਪੈ ਸੋਗ ਲੋਭ ਮਹਿ ਸੂਕੈ॥੩॥	(ਦਿਨ ਪ੍ਰਤਿ) ਹਰ ਰੋਜ਼	Dhin Prath Karai Karai Pashhuthaapai Sog Lobh Mehi Sookai ||3||	Day after day, he commits adultery again and again, and then he regrets his actions; he wastes away in misery and greed. ||3||	ਉਹ ਹਰ ਰੋਜ਼ (ਵਿਸ਼ੇ-ਪਾਪ) ਕਰਦਾ ਹੈ, ਤੇ, ਪਛੁਤਾਂਦਾ (ਭੀ) ਹੈ। ਸੋ, ਇਸ ਕਾਮ-ਵਾਸਨਾ ਵਿਚ ਅਤੇ ਪਛੁਤਾਵੇ ਵਿਚ ਉਸ ਦਾ ਆਤਮਕ ਜੀਵਨ ਸੁੱਕਦਾ ਜਾਂਦਾ ਹੈ ॥੩॥
29189	672	ਹਰਿ ਹਰਿ ਨਾਮੁ ਅਪਾਰ ਅਮੋਲਾ ਅੰਮ੍ਰਿਤੁ ਏਕੁ ਨਿਧਾਨਾ॥		Har Har Naam Apaar Amolaa Anmrith Eaek Nidhhaanaa ||	The Name of the Lord, Har, Har, is incomparable and priceless; it is the treasure of Ambrosial Nectar.	ਹੇ ਭਾਈ! ਪਰਮਾਤਮਾ ਦਾ ਨਾਮ ਹੀ ਇਕ ਐਸਾ ਬੇਅੰਤ ਤੇ ਕੀਮਤੀ ਖ਼ਜ਼ਾਨਾ ਹੈ ਜੇਹੜਾ ਆਤਮਕ ਜੀਵਨ ਦੇਂਦਾ ਹੈ।

29190	672	ਸੂਖੁ ਸਹਜੁ ਆਨੰਦੁ ਸੰਤਨ ਕੈ ਨਾਨਕ ਗੁਰ ਤੇ ਜਾਨਾ॥੪॥੬॥		Sookh Sehaj Aanandh Santhan Kai Naanak Gur Thae Jaanaa ||4||6||	The Saints abide in peace, poise and bliss; O Nanak, through the Guru, this is known. ||4||6||	(ਇਸ ਨਾਮ-ਖ਼ਜ਼ਾਨੇ ਦੀ ਬਰਕਤਿ ਨਾਲ) ਸੰਤ ਜਨਾਂ ਦੇ ਹਿਰਦੇ-ਘਰ ਵਿਚ ਆਤਮਕ ਅਡੋਲਤਾ ਬਣੀ ਰਹਿੰਦੀ ਹੈ, ਸੁਖ ਆਨੰਦ ਬਣਿਆ ਰਹਿੰਦਾ ਹੈ। ਪਰ, ਹੇ ਨਾਨਕ! ਗੁਰੂ ਪਾਸੋਂ ਹੀ ਇਸ ਖ਼ਜ਼ਾਨੇ ਦੀ ਜਾਣ-ਪਛਾਣ ਪ੍ਰਾਪਤ ਹੁੰਦੀ ਹੈ ॥੪॥੬॥
29191	672	ਧਨਾਸਰੀ ਮਃ ੫॥		Dhhanaasaree Ma 5 ||	Dhanaasaree, Fifth Mehl:	
29192	672	ਲਵੈ ਨ ਲਾਗਨ ਕਉ ਹੈ ਕਛੂਐ ਜਾ ਕਉ ਫਿਰਿ ਇਹੁ ਧਾਵੈ॥		Lavai N Laagan Ko Hai Kashhooai Jaa Ko Fir Eihu Dhhaavai ||	Nothing which this mortal being runs after, can compare to it.	ਹੇ ਭਾਈ! ਇਹ ਮਨੁੱਖ ਜਿਸ ਜਿਸ ਮਾਇਕ ਪਦਾਰਥ ਦੀ ਖ਼ਾਤਰ ਭਟਕਦਾ ਫਿਰਦਾ ਹੈ, ਉਹਨਾਂ ਵਿਚੋਂ ਕੋਈ ਭੀ ਚੀਜ਼ (ਪਰਮਾਤਮਾ ਦੇ ਨਾਮ-ਅੰਮ੍ਰਿਤ ਦੀ) ਬਰਾਬਰੀ ਨਹੀਂ ਕਰ ਸਕਦੀ।
29193	672	ਜਾ ਕਉ ਗੁਰਿ ਦੀਨੋ ਇਹੁ ਅੰਮ੍ਰਿਤੁ ਤਿਸ ਹੀ ਕਉ ਬਨਿ ਆਵੈ॥੧॥		Jaa Ko Gur Dheeno Eihu Anmrith This Hee Ko Ban Aavai ||1||	He alone comes to have it, whom the Guru blesses with this Ambrosial Nectar. ||1||	ਗੁਰੂ ਨੇ ਜਿਸ ਮਨੁੱਖ ਨੂੰ ਇਹ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਦੇ ਦਿੱਤਾ, ਉਸ ਨੂੰ ਹੀ ਇਸ ਦੀ ਕਦਰ ਦੀ ਸਮਝ ਪੈਂਦੀ ਹੈ ॥੧॥

29194	672	ਜਾ ਕਉ ਆਇਓ ਏਕੁ ਰਸਾ॥		Jaa Ko Aaeiou Eaek Rasaa || Khaan Paan Aan Nehee Khudhhiaa Thaa Kai Chith N Basaa || Rehaao ||	The desire to eat, to wear new clothes, and all other desires,	ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਦੇ ਨਾਮ ਦਾ ਸੁਆਦ ਆ ਗਿਆ,
29195	672	ਖਾਨ ਪਾਨ ਆਨ ਨਹੀ ਖੁਧਿਆ ਤਾ ਕੈ ਚਿਤਿ ਨ ਬਸਾ॥ਰਹਾਉ॥	(ਖੁੱਧਿਆ) ਭੁੱਖ	Khaan Paan Aan Nehee Khudhhiaa Thaa Kai Chith N Basaa || Rehaao ||	Do not abide in the mind of one who comes to know the subtle essence of the One Lord. ||Pause||	ਉਸ ਨੂੰ ਖਾਣ-ਪੀਣ ਆਦਿਕ ਦੀ ਕੋਈ ਹੋਰ ਭੁੱਖ ਨਹੀਂ ਰਹਿੰਦੀ, ਕੋਈ ਹੋਰ ਭੁੱਖ ਉਸ ਦੇ ਚਿੱਤ ਵਿਚ ਨਹੀਂ ਟਿਕ ਸਕਦੀ ਰਹਾਉ॥
29196	672	ਮਉਲਿਓ ਮਨੁ ਤਨੁ ਹੋਇਓ ਹਰਿਆ ਏਕ ਬੂੰਦ ਜਿਨਿ ਪਾਈ॥	ਮਉੱਲਿਓ ਕਸਕੇ	Mouliou Man Than Hoeiou Hariaa Eaek Boondh Jin Paaee ||	The mind and body blossom forth in abundance, when one receives even a drop of this Nectar.	ਹੇ ਭਾਈ! ਜਿਸ ਮਨੁੱਖ ਨੇ (ਨਾਮ-ਜਲ ਦੀ) ਸਿਰਫ਼ ਇਕ ਬੂੰਦ ਹੀ ਹਾਸਲ ਕਰ ਲਈ, ਉਸ ਦਾ ਮਨ ਖਿੜ ਪੈਂਦਾ ਹੈ ਉਸ ਦਾ ਸਰੀਰ (ਆਤਮਕ ਜਲ ਨਾਲ) ਹਰਾ ਹੋ ਆਉਂਦਾ ਹੈ।
29197	672	ਬਰਨਿ ਨ ਸਾਕਉ ਉਸਤਤਿ ਤਾ ਕੀ ਕੀਮਤਿ ਕਹਣੁ ਨ ਜਾਈ॥੨॥		Baran N Saako Ousathath Thaa Kee Keemath Kehan N Jaaee ||2||	I cannot express His glory; I cannot describe His worth. ||2||	ਹੇ ਭਾਈ! ਮੈਂ ਉਸ ਮਨੁੱਖ ਦੀ ਵਡਿਆਈ ਬਿਆਨ ਨਹੀਂ ਕਰ ਸਕਦਾ, ਉਸ ਮਨੁੱਖ (ਦੇ ਆਤਮਕ ਜੀਵਨ) ਦੀ ਕੀਮਤ ਨਹੀਂ ਦੱਸੀ ਜਾ ਸਕਦੀ ॥੨॥

29198	672	ਘਾਲ ਨ ਮਿਲਿਓ ਸੇਵ ਨ ਮਿਲਿਓ ਮਿਲਿਓ ਆਇ ਅਚਿੰਤਾ॥		Ghaal N Miliou Saev N Miliou Miliou Aae Achinthaa ||	We cannot meet the Lord by our own efforts, nor can we meet Him through service; He comes and meets us spontaneously.	ਹੇ ਭਾਈ! ਇਹ ਨਾਮ-ਰਸ (ਆਪਣੀ ਕਿਸੇ) ਮੇਹਨਤ ਨਾਲ ਨਹੀਂ ਮਿਲਦਾ, ਆਪਣੀ ਕਿਸੇ ਸੇਵਾ ਦੇ ਬਲ ਨਾਲ ਨਹੀਂ ਮਿਲਦਾ, ਉਸ ਨੂੰ ਉਸ ਦੇ ਚਿਤ-ਚੇਤੇ ਤੋਂ ਬਾਹਰਾ ਹੀ ਪ੍ਰਾਪਤ ਹੋ ਗਿਆ।
29199	672	ਜਾ ਕਉ ਦਇਆ ਕਰੀ ਮੇਰੈ ਠਾਕੁਰਿ ਤਿਨਿ ਗੁਰਹਿ ਕਮਾਨੋ ਮੰਤਾ॥੩॥		Jaa Ko Dhaeiaa Karee Maerai Thaakur Thin Gurehi Kamaano Manthaa ||3||	One who is blessed by my Lord Master's Grace, practices the Teachings of the Guru's Mantra. ||3||	ਪਿਆਰੇ ਪ੍ਰਭੂ ਨੇ ਜਿਸ ਮਨੁੱਖ ਉਤੇ ਮੇਹਰ ਕੀਤੀ, ਉਸ ਮਨੁੱਖ ਨੇ ਗੁਰੂ ਦੇ ਉਪਦੇਸ਼ ਉਤੇ ਅਮਲ ਕੀਤਾ ॥੩॥
29200	672	ਦੀਨ ਦੈਆਲ ਸਦਾ ਕਿਰਪਾਲਾ ਸਰਬ ਜੀਆ ਪ੍ਰਤਿਪਾਲਾ॥		Dheen Dhaiaal Sadhaa Kirapaalaa Sarab Jeeaa Prathipaalaa ||	He is merciful to the meek, always kind and compassionate; He cherishes and nurtures all beings.	ਪਰਮਾਤਮਾ ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਸਦਾ ਹੀ ਮੇਹਰਬਾਨ ਰਹਿੰਦਾ ਹੈ, ਸਾਰੇ ਜੀਵਾਂ ਦੀ ਪਾਲਣਾ ਕਰਦਾ ਹੈ।
29201	672	ਓਤਿ ਪੋਤਿ ਨਾਨਕ ਸੰਗਿ ਰਵਿਆ ਜਿਉ ਮਾਤਾ ਬਾਲ ਗੁਪਾਲਾ॥੪॥੭॥	ਗੁਪਾਲਾ:ਹੋੜੇ ਔਂਕੜ ਵਿਚਕਾਰ ਬੋਲੋ	Outh Poth Naanak Sang Raviaa Jio Maathaa Baal Guopaalaa ||4||7||	The Lord is mingled with Nanak, through and through; He cherishes him, like the mother her child. ||4||7||	ਜਿਵੇਂ ਮਾਂ ਆਪਣੇ ਬੱਚੇ ਨੂੰ ਸਦਾ ਆਪਣੇ ਚਿੱਤ ਵਿਚ ਟਿਕਾ ਰੱਖਦੀ ਹੈ, ਹੇ ਨਾਨਕ! ਇਸੇ ਤਰ੍ਹਾਂ ਉਹ ਗੋਪਾਲ-ਪ੍ਰਭੂ ਤਾਣੇ ਪੇਟੇ ਵਾਂਗ ਉਸ ਮਨੁੱਖ ਦੇ ਨਾਲ ਮਿਲਿਆ ਰਹਿੰਦਾ ਹੈ (ਜਿਸ ਨੂੰ ਹਰਿ-ਨਾਮ ਦਾ ਸੁਆਦ ਆ ਜਾਂਦਾ ਹੈ) ॥੪॥੭॥

29202	672	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29203	672	ਬਾਰਿ ਜਾਉ ਗੁਰ ਅਪੁਨੇ ਊਪਰਿ ਜਿਨਿ ਹਰਿ ਹਰਿ ਨਾਮੁ ਦ੍ਰਿੜਾਯਾ॥	ਦ੍ਰਿੜਾਯਾ:ਯਾ ਤਾਲੂ ਤੋਂ ਬੋਲੋ	Baar Jaao Gur Apunae Oopar Jin Har Har Naam Dhrirrhaayaa ||	I am a sacrifice to my Guru, who has implanted the Name of the Lord, Har, Har, within me.	ਹੇ ਭਾਈ! ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਨੇ ਪਰਮਾਤਮਾ ਦਾ ਨਾਮ (ਮੇਰੇ ਹਿਰਦੇ ਵਿਚ) ਪੱਕਾ ਕਰ ਦਿੱਤਾ ਹੈ;
29204	672	ਮਹਾ ਉਦਿਆਨ ਅੰਧਕਾਰ ਮਹਿ ਜਿਨਿ ਸੀਧਾ ਮਾਰਗੁ ਦਿਖਾਯਾ॥੧॥	(ਉਦਿਆਨ) ਉਜਾੜ	Mehaa Oudhiaan Andhhakaar Mehi Jin Seedhhaa Maarag Dhikhaayaa ||1||	In the utter darkness of the wilderness, He showed me the straight path. ||1||	ਜਿਸ ਨੇ ਇਸ ਵੱਡੇ ਅਤੇ (ਮਾਇਆ ਦੇ ਮੋਹ ਦੇ) ਘੁੱਪ ਹਨੇਰੇ (ਸੰਸਾਰ-) ਜੰਗਲ ਵਿਚ (ਆਤਮਕ ਜੀਵਨ ਪ੍ਰਾਪਤ ਕਰਨ ਲਈ) ਮੈਨੂੰ ਸਿੱਧਾ ਰਾਹ ਵਿਖਾ ਦਿੱਤਾ ਹੈ ॥੧॥
29205	672	ਹਮਰੇ ਪ੍ਰਾਨ ਗੁਪਾਲ ਗੋਬਿੰਦ॥		Hamarae Praan Gupaal Gobindh ||	The Lord of the universe, the Cherisher of the world, He is my breath of life.	ਹੇ ਭਾਈ! ਉਹ ਪਰਮਾਤਮਾ ਸਾਡੀ ਜਿੰਦ ਦਾ ਆਸਰਾ ਹੈ,
29206	672	ਈਹਾ ਊਹਾ ਸਰਬ ਥੋਕ ਕੀ ਜਿਸਹਿ ਹਮਾਰੀ ਚਿੰਦ॥੧॥ਰਹਾਉ॥	(ਚਿੰਦ) ਚਿੰਤਾ	Eehaa Oohaa Sarab Thhok Kee Jisehi Hamaaree Chindh ||1|| Rehaao ||	Here and hereafter, he takes care of everything for me. ||1||Pause||	ਜਿਸ ਨੂੰ (ਇਸ ਲੋਕ ਵਿਚ ਪਰੋਲਕ ਵਿਚ) ਸਾਡੀਆਂ ਸਾਰੀਆਂ ਲੋੜਾਂ ਪੂਰੀਆਂ ਕਰਨ ਦਾ ਫ਼ਿਕਰ ਹੈ ॥੧॥ ਰਹਾਉ ॥

29207	672	ਜਾ ਕੈ ਸਿਮਰਨਿ ਸਰਬ ਨਿਧਾਨਾ ਮਾਨੁ ਮਹਤੁ ਪਤਿ ਪੂਰੀ॥	ਮ-ਹੱਤੁ	Jaa Kai Simaran Sarab Nidhhaanaa Maan Mehath Path Pooree ||	Meditating on Him in remembrance, I have found all treasures, respect, greatness and perfect honor.	ਹੇ ਭਾਈ! (ਉਹ ਪਰਮਾਤਮਾ ਸਾਡੀ ਜਿੰਦ ਦਾ ਆਸਰਾ ਹੈ) ਜਿਸ ਦੇ ਸਿਮਰਨ ਦੀ ਬਰਕਤਿ ਨਾਲ ਸਾਰੇ ਖ਼ਜ਼ਾਨੇ ਪ੍ਰਾਪਤ ਹੋ ਜਾਂਦੇ ਹਨ, ਆਦਰ ਮਿਲਦਾ ਹੈ, ਵਡਿਆਈ ਮਿਲਦੀ ਹੈ, ਪੂਰੀ ਇੱਜ਼ਤ ਮਿਲਦੀ ਹੈ,
29208	672	ਨਾਮੁ ਲੈਤ ਕੋਟਿ ਅਘ ਨਾਸੇ ਭਗਤ ਬਾਛਹਿ ਸਭਿ ਧੂਰੀ॥੨॥	(ਅਘ) ਪਾਪ	Naam Laith Kott Agh Naasae Bhagath Baashhehi Sabh Dhhooree ||2||	Remembering His Name, millions of sins are erased; all His devotees long for the dust of His feet. ||2||	ਜਿਸ ਦਾ ਨਾਮ ਸਿਮਰਿਆਂ ਕ੍ਰੋੜਾਂ ਪਾਪ ਨਾਸ ਹੋ ਜਾਂਦੇ ਹਨ। (ਹੇ ਭਾਈ!) ਸਾਰੇ ਭਗਤ ਉਸ ਪਰਮਾਤਮਾ ਦੇ ਚਰਨਾਂ ਦੀ ਧੂੜ ਲੋਚਦੇ ਰਹਿੰਦੇ ਹਨ ॥੨॥
29209	672	ਸਰਬ ਮਨੋਰਥ ਜੇ ਕੋ ਚਾਹੈ ਸੇਵੈ ਏਕੁ ਨਿਧਾਨਾ॥		Sarab Manorathh Jae Ko Chaahai Saevai Eaek Nidhhaanaa ||	If someone wishes for the fulfillment of all his hopes and desires, he should serve the one supreme treasure.	ਹੇ ਭਾਈ! ਜੇ ਕੋਈ ਮਨੁੱਖ ਸਾਰੀਆਂ ਮੁਰਾਦਾਂ (ਪੂਰੀਆਂ ਕਰਨੀਆਂ) ਚਾਹੁੰਦਾ ਹੈ (ਤਾਂ ਉਸ ਨੂੰ ਚਾਹੀਦਾ ਹੈ ਕਿ) ਉਹ ਉਸ ਇੱਕ ਪਰਮਾਤਮਾ ਦੀ ਸੇਵਾ-ਭਗਤੀ ਕਰੇ ਜੋ ਸਾਰੇ ਪਦਾਰਥਾਂ ਦਾ ਖ਼ਜ਼ਾਨਾ ਹੈ।
29210	672	ਪਾਰਬ੍ਰਹਮ ਅਪਰੰਪਰ ਸੁਆਮੀ ਸਿਮਰਤ ਪਾਰਿ ਪਰਾਨਾ॥੩॥	ਅਪ-ਰੰਪਰ	Paarabreham Aparanpar Suaamee Simarath Paar Paraanaa ||3||	He is the Supreme Lord God, infinite Lord and Master; meditating on Him in remembrance, one is carried across. ||3||	ਹੇ ਭਾਈ! ਸਾਰੇ ਜਗਤ ਦੇ ਮਾਲਕ ਬੇਅੰਤ ਪਰਮਾਤਮਾ ਦਾ ਸਿਮਰਨ ਕੀਤਿਆਂ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ ॥੩॥

29211	672	ਸੀਤਲ ਸਾਂਤਿ ਮਹਾ ਸੁਖੁ ਪਾਇਆ ਸੰਤਸੰਗਿ ਰਹਿਓ ਓਲ੍ਹਾ॥		Seethal Saanth Mehaa Sukh Paaeiaa Santhasang Rehiou Oulhaa ||	I have found total peace and tranquility in the Society of the Saints; my honor has been preserved.	ਹੇ ਨਾਨਕ! (ਉਸ ਮਨੁੱਖ ਦਾ ਹਿਰਦਾ) ਠੰਢਾ-ਠਾਰ ਰਹਿੰਦਾ ਹੈ, ਉਸ ਨੂੰ ਸ਼ਾਂਤੀ ਪ੍ਰਾਪਤ ਰਹਿੰਦੀ ਹੈ, ਉਸ ਨੂੰ ਬੜਾ ਆਨੰਦ ਬਣਿਆ ਰਹਿੰਦਾ ਹੈ, ਗੁਰਮੁਖਾਂ ਦੀ ਸੰਗਤਿ ਵਿਚ ਰਹਿ ਕੇ ਉਸ ਦੀ ਇੱਜ਼ਤ ਬਣੀ ਰਹਿੰਦੀ ਹੈ (ਤੇ ਕੋਈ ਪਾਪ ਉਸ ਦੇ ਨੇੜੇ ਨਹੀਂ ਢੁਕਦੇ)
29212	672	ਹਰਿ ਧਨੁ ਸੰਚਨੁ ਹਰਿ ਨਾਮੁ ਭੋਜਨੁ ਇਹੁ ਨਾਨਕ ਕੀਨੋ ਚੋਲ੍ਹਾ॥੪॥੮॥	(ਚੋਲ੍ਹਾ) ਚੰਗਾ ਭੋਜਨ	Har Dhhan Sanchan Har Naam Bhojan Eihu Naanak Keeno Cholhaa ||4||8||	To gather in the Lord's wealth, and to taste the food of the Lord's Name - Nanak has made this his feast. ||4||8||	ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ-ਧਨ ਇਕੱਠਾ ਕੀਤਾ ਹੈ, ਪਰਮਾਤਮਾ ਦੇ ਨਾਮ ਨੂੰ (ਆਪਣੇ ਆਤਮਾ ਵਾਸਤੇ) ਭੋਜਨ ਬਣਾਇਆ ਹੈ ਸੁਆਦਲਾ ਖਾਣਾ ਬਣਾਇਆ ਹੈ ॥੪॥੮॥
29213	673	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29214	673	ਜਿਹ ਕਰਣੀ ਹੋਵਹਿ ਸਰਮਿੰਦਾ ਇਹਾ ਕਮਾਨੀ ਰੀਤਿ॥		Jih Karanee Hovehi Saramindhaa Eihaa Kamaanee Reeth ||	You have made it your habit to practice those deeds which will bring you shame.	ਹੇ ਭਾਈ! ਜਿਨ੍ਹੀਂ ਕੰਮੀਂ ਤੂੰ (ਪਰਮਾਤਮਾ ਦੀ ਦਰਗਾਹ ਵਿਚ) ਸ਼ਰਮਿੰਦਾ ਹੋਵੇਂਗਾ ਉਹਨਾਂ ਹੀ ਕੰਮਾਂ ਦੀ ਚਾਲ ਚੱਲ ਰਿਹਾ ਹੈਂ।

29215	673	ਸੰਤ ਕੀ ਨਿੰਦਾ ਸਾਕਤ ਕੀ ਪੂਜਾ ਐਸੀ ਦ੍ਰਿੜੀ ਬਿਪਰੀਤਿ॥੧॥		Santh Kee Nindhaa Saakath Kee Poojaa Aisee Dhrirrhee Bipareeth ||1||	You slander the Saints, and you worship the faithless cynics; such are the corrupt ways you have adopted. ||1||	ਤੂੰ ਸੰਤ ਜਨਾਂ ਦੀ ਨਿੰਦਾ ਕਰਦਾ ਰਹਿੰਦਾ ਹੈਂ, ਤੇ, ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖਾਂ ਦਾ ਆਦਰ-ਸਤਕਾਰ ਕਰਦਾ ਹੈਂ। ਤੂੰ ਅਸਚਰਜ ਉਲਟੀ ਮਤਿ ਗ੍ਰਹਣ ਕੀਤੀ ਹੋਈ ਹੈ ॥੧॥
29216	673	ਮਾਇਆ ਮੋਹ ਭੂਲੋ ਅਵਰੈ ਹੀਤ॥		Maaeiaa Moh Bhoolo Avarai Heeth ||	Deluded by your emotional attachment to Maya, you love other things,	ਹੇ ਭਾਈ! ਮਾਇਆ ਦੇ ਮੋਹ (ਵਿਚ ਫਸ ਕੇ) ਤੂੰ ਕੁਰਾਹੇ ਪੈ ਗਿਆ ਹੈਂ, (ਪਰਮਾਤਮਾ ਨੂੰ ਛੱਡ ਕੇ) ਹੋਰ ਵਿਚ ਪਿਆਰ ਪਾ ਰਿਹਾ ਹੈਂ।
29217	673	ਹਰਿਚੰਦਉਰੀ ਬਨ ਹਰ ਪਾਤ ਰੇ ਇਹੈ ਤੁਹਾਰੋ ਬੀਤ॥੧॥ਰਹਾਉ॥	(ਹਰਿਚੰਦਉਰੀ) ਝੂਠੀ ਅਕਾਸ਼ੀ ਨੱਗਰੀ। (ਬੀਤ) ਬਲ, ਵਿੱਤ	Harichandhouree Ban Har Paath Rae Eihai Thuhaaro Beeth ||1|| Rehaao ||	Like the enchanted city of Hari-chandauree, or the green leaves of the forest - such is your way of life. ||1||Pause||	ਤੇਰੀ ਆਪਣੀ ਪਾਂਇਆਂ ਤਾਂ ਇਤਨੀ ਹੀ ਹੈ ਜਿਤਨੀ ਜੰਗਲ ਦੇ ਹਰੇ ਪੱਤਿਆਂ ਦੀ, ਜਿਤਨੀ ਆਕਾਸ਼ ਵਿਚ ਦਿੱਸ ਰਹੀ ਨਗਰੀ ਦੀ ॥੧॥ ਰਹਾਉ ॥
29218	673	ਚੰਦਨ ਲੇਪ ਹੋਤ ਦੇਹ ਕਉ ਸੁਖੁ ਗਰਧਭ ਭਸਮ ਸੰਗੀਤਿ॥	(ਸੰਗੀਤਿ) ਸੰਗ	Chandhan Laep Hoth Dhaeh Ko Sukh Garadhhabh Bhasam Sangeeth ||	Its body may be anointed with sandalwood oil, but the donkey still loves to roll in the mud.	ਹੇ ਭਾਈ! ਖੋਤਾ ਮਿੱਟੀ ਵਿਚ ਹੀ (ਲੇਟਣ ਨਾਲ) ਸੁਖ ਸਮਝਦਾ ਹੈ, ਭਾਵੇਂ ਉਸ ਦੇ ਸਰੀਰ ਉਤੇ ਚੰਦਨ ਦਾ ਲੇਪ ਪਏ ਕਰੀਏ (ਇਹੀ ਹਾਲ ਤੇਰਾ ਹੈ)।

29219	673	ਅੰਮ੍ਰਿਤ ਸੰਗਿ ਨਾਹਿ ਰੁਚ ਆਵਤ ਬਿਖੈ ਠਗਉਰੀ ਪ੍ਰੀਤਿ॥੨॥		Anmrith Sang Naahi Ruch Aavath Bikhai Thagouree Preeth ||2||	He is not fond of the Ambrosial Nectar; instead, he loves the poisonous drug of corruption. ||2||	ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਤੇਰਾ ਪਿਆਰ ਨਹੀਂ ਬਣਦਾ। ਤੂੰ ਵਿਸ਼ਿਆਂ ਦੀ ਠਗਬੂਟੀ ਨਾਲ ਪਿਆਰ ਕਰਦਾ ਹੈਂ ॥੨॥
29220	673	ਉਤਮ ਸੰਤ ਭਲੇ ਸੰਜੋਗੀ ਇਸੁ ਜੁਗ ਮਹਿ ਪਵਿਤ ਪੁਨੀਤ ॥		Outham Santh Bhalae Sanjogee Eis Jug Mehi Pavith Puneeth ||	The Saints are noble and sublime; they are blessed with good fortune. They alone are pure and holy in this world.	ਹੇ ਭਾਈ! ਉੱਚੇ ਜੀਵਨ ਵਾਲੇ ਸੰਤ ਜੇਹੜੇ ਇਸ ਸੰਸਾਰ (ਦੇ ਵਿਕਾਰਾਂ) ਵਿਚ ਭੀ ਪਵਿਤ੍ਰ ਹੀ ਰਹਿੰਦੇ ਹਨ, ਭਲੇ ਸੰਜੋਗਾਂ ਨਾਲ ਹੀ ਮਿਲਦੇ ਹਨ।
29221	673	ਜਾਤ ਅਕਾਰਥ ਜਨਮੁ ਪਦਾਰਥ ਕਾਚ ਬਾਦਰੈ ਜੀਤ॥੩॥	(ਬਾਦਰੈ) ਬਦਲੇ	Jaath Akaarathh Janam Padhaarathh Kaach Baadharai Jeeth ||3||	The jewel of this human life is passing away uselessly, lost in exchange for mere glass. ||3||	(ਉਹਨਾਂ ਦੀ ਸੰਗਤਿ ਤੋਂ ਵਾਂਜਿਆਂ ਰਹਿ ਕੇ) ਤੇਰਾ ਕੀਮਤੀ ਮਨੁੱਖਾ ਜਨਮ ਵਿਅਰਥ ਜਾ ਰਿਹਾ ਹੈ, ਕੱਚ ਦੇ ਵੱਟੇ ਵਿਚ ਜਿੱਤਿਆ ਜਾ ਰਿਹਾ ਹੈ ॥੩॥
29222	673	ਜਨਮ ਜਨਮ ਕੇ ਕਿਲਵਿਖ ਦੁਖ ਭਾਗੇ ਗੁਰਿ ਗਿਆਨ ਅੰਜਨੁ ਨੇਤ੍ਰ ਦੀਤ॥		Janam Janam Kae Kilavikh Dhukh Bhaagae Gur Giaan Anjan Naethr Dheeth ||	The sins and sorrows of uncounted incarnations run away, when the Guru applies the healing ointment of spiritual wisdom to the eyes.	(ਹੇ ਭਾਈ!) ਜਿਸ ਮਨੁੱਖ ਦੀਆਂ ਅੱਖਾਂ ਵਿਚ ਗੁਰੂ ਨੇ ਆਤਮਕ ਜੀਵਨ ਦੀ ਸੂਝ ਵਾਲਾ ਸੁਰਮਾ ਪਾ ਦਿੱਤਾ, ਉਸ ਦੇ ਅਨੇਕਾਂ ਜਨਮਾਂ ਦੇ ਕੀਤੇ ਪਾਪ ਦੂਰ ਹੋ ਗਏ।

29223	673	ਸਾਧਸੰਗਿ ਇਨ ਦੁਖ ਤੇ ਨਿਕਸਿਓ ਨਾਨਕ ਏਕ ਪਰੀਤ॥੪॥੯॥		Saadhhasang Ein Dhukh Thae Nikasiou Naanak Eaek Pareeth ||4||9||	In the Saadh Sangat, the Company of the Holy, I have escaped from these troubles; Nanak loves the One Lord. ||4||9||	ਸੰਗਤਿ ਵਿਚ ਟਿਕ ਕੇ ਉਹ ਮਨੁੱਖ ਇਹਨਾਂ ਦੁੱਖਾਂ-ਪਾਪਾਂ ਤੋਂ ਬਚ ਨਿਕਲਿਆ, ਹੇ ਨਾਨਕ! (ਆਖ-) ਉਸ ਨੇ ਇਕ ਪਰਮਾਤਮਾ ਨਾਲ ਪਿਆਰ ਪਾ ਲਿਆ ॥੪॥੯॥
29224	673	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29225	673	ਪਾਨੀ ਪਖਾ ਪੀਸਉ ਸੰਤ ਆਗੈ ਗੁਣ ਗੋਵਿੰਦ ਜਸੁ ਗਾਈ॥		Paanee Pakhaa Peeso Santh Aagai Gun Govindh Jas Gaaee ||	I carry the water, wave the fan, and grind the corn for the Saints; I sing the Glorious Praises of the Lord of the Universe.	(ਹੇ ਪ੍ਰਭੂ! ਮੇਹਰ ਕਰ) ਮੈਂ (ਤੇਰੇ) ਸੰਤਾਂ ਦੀ ਸੇਵਾ ਵਿਚ (ਰਹਿ ਕੇ, ਉਹਨਾਂ ਵਾਸਤੇ) ਪਾਣੀ (ਢੋਂਦਾ ਰਹਾਂ, ਉਹਨਾਂ ਨੂੰ) ਪੱਖਾ (ਝੱਲਦਾ ਰਹਾਂ, ਉਹਨਾਂ ਵਾਸਤੇ ਆਟਾ) ਪੀਂਹਦਾ ਰਹਾਂ, ਤੇ, ਹੇ ਗੋਬਿੰਦ! ਤੇਰੀ ਸਿਫ਼ਤ-ਸਾਲਾਹ ਤੇਰੇ ਗੁਣ ਗਾਂਦਾ ਰਹਾਂ।
29226	673	ਸਾਸਿ ਸਾਸਿ ਮਨੁ ਨਾਮੁ ਸਮ੍ਹਾਰੈ ਇਹੁ ਬਿਸ੍ਰਾਮ ਨਿਧਿ ਪਾਈ॥੧॥		Saas Saas Man Naam Samhaarai Eihu Bisraam Nidhh Paaee ||1||	With each and every breath, my mind remembers the Naam, the Name of the Lord; in this way, it finds the treasure of peace. ||1||	ਮੇਰਾ ਮਨ ਹਰੇਕ ਸਾਹ ਦੇ ਨਾਲ (ਤੇਰਾ) ਨਾਮ ਚੇਤੇ ਕਰਦਾ ਰਹੇ, ਮੈਂ ਤੇਰਾ ਇਹ ਨਾਮ ਪ੍ਰਾਪਤ ਕਰ ਲਵਾਂ ਜੋ ਸੁਖ ਸ਼ਾਂਤੀ ਦਾ ਖ਼ਜ਼ਾਨਾ ਹੈ ॥੧॥
29227	673	ਤੁਮ੍ਹ ਕਰਹੁ ਦਇਆ ਮੇਰੇ ਸਾਈ॥	ਸਾਂਈ	Thumh Karahu Dhaeiaa Maerae Saaee ||	Have pity on me, O my Lord and Master.	ਹੇ ਮੇਰੇ ਖਸਮ-ਪ੍ਰਭੂ! (ਮੇਰੇ ਉੱਤੇ) ਦਇਆ ਕਰ।

29228	673	ਐਸੀ ਮਤਿ ਦੀਜੈ ਮੇਰੇ ਠਾਕੁਰ ਸਦਾ ਸਦਾ ਤੁਧੁ ਧਿਆਈ॥੧॥ ਰਹਾਉ॥		Aisee Math Dheejai Maerae Thaakur Sadhaa Sadhaa Thudhh Dhhiaaee ||1|| Rehaao ||	Bless me with such understanding, O my Lord and Master, that I may forever and ever meditate on You. ||1||Pause||	ਹੇ ਮੇਰੇ ਠਾਕੁਰ! ਮੈਨੂੰ ਇਹੋ ਜਿਹੀ ਅਕਲ ਬਖ਼ਸ਼ ਕਿ ਮੈਂ ਸਦਾ ਹੀ ਤੇਰਾ ਨਾਮ ਸਿਮਰਦਾ ਰਹਾਂ ॥੧॥ ਰਹਾਉ ॥
29229	673	ਤੁਮ੍ਰੀ ਕ੍ਰਿਪਾ ਤੇ ਮੋਹੁ ਮਾਨੁ ਛੂਟੈ ਬਿਨਸਿ ਜਾਇ ਭਰਮਾਈ॥		Thumharee Kirapaa Thae Mohu Maan Shhoottai Binas Jaae Bharamaaee ||	By Your Grace, emotional attachment and egotism are eradicated, and doubt is dispelled.	ਹੇ ਪ੍ਰਭੂ! ਤੇਰੀ ਕਿਰਪਾ ਨਾਲ (ਮੇਰਾ ਅੰਦਰੋਂ) ਮਾਇਆ ਦਾ ਮੋਹ ਮੁੱਕ ਜਾਏ, ਅਹੰਕਾਰ ਦੂਰ ਹੋ ਜਾਏ, ਮੇਰੀ ਭਟਕਣਾ ਦਾ ਨਾਸ ਹੋ ਜਾਏ,
29230	673	ਅਨਦ ਰੂਪੁ ਰਵਿਓ ਸਭ ਮਧੇ ਜਤ ਕਤ ਪੇਖਉ ਜਾਈ॥੨॥		Anadh Roop Raviou Sabh Madhhae Jath Kath Paekho Jaaee ||2||	The Lord, the embodiment of bliss, is pervading and permeating in all; wherever I go, there I see Him. ||2||	ਮੈਂ ਜਿੱਥੇ ਕਿੱਥੇ ਜਾ ਕੇ ਵੇਖਾਂ, ਸਭਨਾਂ ਵਿਚ ਮੈਨੂੰ ਤੂੰ ਆਨੰਦ-ਸਰੂਪ ਹੀ ਵੱਸਦਾ ਦਿੱਸੇਂ ॥੨॥
29231	673	ਤੁਮ੍ ਦਇਆਲ ਕਿਰਪਾਲ ਕ੍ਰਿਪਾਨਿਧਿ ਪਤਿਤ ਪਾਵਨ ਗੋਸਾਈ॥	ਗੋਸਾਂਈ	Thumh Dhaeiaal Kirapaal Kirapaa Nidhh Pathith Paavan Gosaaee ||	You are kind and compassionate, the treasure of mercy, the Purifier of sinners, Lord of the world.	ਹੇ ਧਰਤੀ ਦੇ ਖਸਮ! ਤੂੰ ਦਇਆਲ ਹੈਂ, ਕਿਰਪਾਲ ਹੈਂ, ਤੂੰ ਦਇਆ ਦਾ ਖ਼ਜ਼ਾਨਾ ਹੈਂ, ਤੂੰ ਵਿਕਾਰੀਆਂ ਨੂੰ ਪਵਿੱਤ੍ਰ ਕਰਨ ਵਾਲਾ ਹੈਂ।

29232	673	ਕੋਟਿ ਸੂਖ ਆਨੰਦ ਰਾਜ ਪਾਏ ਮੁਖ ਤੇ ਨਿਮਖ ਬੁਲਾਈ॥੩॥		Kott Sookh Aanandh Raaj Paaeae Mukh Thae Nimakh Bulaaee ||3||	I obtain millions of joys, comforts and kingdoms, if You inspire me to chant Your Name with my mouth, even for an instant. ||3||	ਜਦੋਂ ਮੈਂ ਅੱਖ ਝਮਕਣ ਜਿਤਨੇ ਸਮੇ ਲਈ ਭੀ ਮੂੰਹੋਂ ਤੇਰਾ ਨਾਮ ਉਚਾਰਦਾ ਹਾਂ, ਮੈਨੂੰ ਇਉਂ ਜਾਪਦਾ ਹੈ ਕਿ ਮੈਂ ਰਾਜ-ਭਾਗ ਦੇ ਕ੍ਰੋੜਾਂ ਸੁਖ ਆਨੰਦ ਮਾਣ ਲਏ ਹਨ ॥੩॥
29233	673	ਜਾਪ ਤਾਪ ਭਗਤਿ ਸਾ ਪੂਰੀ ਜੋ ਪ੍ਰਭ ਕੈ ਮਨਿ ਭਾਈ॥		Jaap Thaap Bhagath Saa Pooree Jo Prabh Kai Man Bhaaee ||	That alone is perfect chanting, meditation, penance and devotional worship service, which is pleasing to God's Mind.	ਉਹੀ ਜਾਪ ਤਾਪ ਉਹੀ ਭਗਤੀ ਸਿਰੇ ਚੜ੍ਹੀ ਜਾਣੋ, ਜੇਹੜੀ ਪਰਮਾਤਮਾ ਦੇ ਮਨ ਵਿਚ ਪਸੰਦ ਆਉਂਦੀ ਹੈ।
29234	673	ਨਾਮੁ ਜਪਤ ਤ੍ਰਿਸਨਾ ਸਭ ਬੁਝੀ ਹੈ ਨਾਨਕ ਤ੍ਰਿਪਤਿ ਅਘਾਈ॥੪॥੧੦॥	ਬੁਝੀ:ਪੋਲਾ ਬੋਲੋ	Naam Japath Thrisanaa Sabh Bujhee Hai Naanak Thripath Aghaaee ||4||10||	Chanting the Naam, all thirst and desire is satisfied; Nanak is satisfied and fulfilled. ||4||10||	ਹੇ ਨਾਨਕ! ਪਰਮਾਤਮਾ ਦਾ ਨਾਮ ਜਪਿਆਂ ਸਾਰੀ ਤ੍ਰਿਸ਼ਨਾ ਮੁੱਕ ਜਾਂਦੀ ਹੈ, (ਮਾਇਕ ਪਦਾਰਥਾਂ ਵਲੋਂ) ਪੂਰੇ ਤੌਰ ਤੇ ਰੱਜ ਜਾਈਦਾ ਹੈ ॥੪॥੧੦॥
29235	673	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29236	673	ਜਿਨਿ ਕੀਨੇ ਵਸਿ ਅਪੁਨੈ ਤ੍ਰੈ ਗੁਣ ਭਵਣ ਚਤੁਰ ਸੰਸਾਰਾ॥		Jin Keenae Vas Apunai Thrai Gun Bhavan Chathur Sansaaraa ||	She controls the three qualities and the four directions of the world.	ਹੇ ਭਾਈ! ਜਿਸ (ਮਾਇਆ) ਨੇ ਸਾਰੇ ਤ੍ਰੈ-ਗੁਣੀ ਸੰਸਾਰ ਨੂੰ ਸਾਰੇ ਚਾਰ-ਕੂਟ ਜਗਤ ਨੂੰ ਆਪਣੇ ਵੱਸ ਵਿਚ ਕੀਤਾ ਹੋਇਆ ਹੈ, ਜਿਸ ਨੇ ਜੱਗ ਕਰਨ ਵਾਲੇ,

29237	673	ਜਗ ਇਸਨਾਨ ਤਾਪ ਥਾਨ ਖੰਡੇ ਕਿਆ ਇਹੁ ਜੰਤੁ ਵਿਚਾਰਾ॥੧॥		Jag Eisanaan Thaap Thhaan Khanddae Kiaa Eihu Janth Vichaaraa ||1||	She destroys sacrificial feasts, cleansing baths, penances and sacred places of pilgrimage; what is this poor person to do? ||1||	ਇਸ਼ਨਾਨ ਕਰਨ ਵਾਲੇ, ਤਪ ਕਰਨ ਵਾਲੇ ਸਾਰੇ ਥਾਂ ਭੰਨ ਕੇ ਰੱਖ ਦਿੱਤੇ ਹਨ, ਇਸ ਜੀਵ ਵਿਚਾਰੇ ਦੀ ਕੀਹ ਪਾਂਇਆਂ ਹੈ (ਕਿ ਉਸ ਦਾ ਟਾਕਰਾ ਕਰ ਸਕੇ)? ॥੧॥
29238	673	ਪ੍ਰਭ ਕੀ ਓਟ ਗਹੀ ਤਉ ਛੂਟੋ॥		Prabh Kee Outt Gehee Tho Shhootto ||	I grasped God's Support and Protection, and then I was emancipated.	ਹੇ ਭਾਈ! ਜਦੋਂ ਮਨੁੱਖ ਨੇ ਪਰਮਾਤਮਾ ਦਾ ਪੱਲਾ ਫੜਿਆ, ਤਦੋਂ ਉਹ (ਮਾਇਆ ਦੇ ਪੰਜੇ ਵਿਚੋਂ) ਬਚ ਗਿਆ।
29239	673	ਸਾਧ ਪ੍ਰਸਾਦਿ ਹਰਿ ਹਰਿ ਹਰਿ ਗਾਏ ਬਿਖੈ ਬਿਆਧਿ ਤਬ ਹੂਟੋ॥੧॥ਰਹਾਉ॥		Saadhh Prasaadh Har Har Har Gaaeae Bikhai Biaadhh Thab Hootto ||1|| Rehaao ||	By the Grace of the Holy Saints, I sang the Praises of the Lord, Har, Har, Har, and my sins and afflictions were taken away. ||1||Pause||	ਜਦੋਂ ਗੁਰੂ ਦੀ ਕਿਰਪਾ ਨਾਲ ਮਨੁੱਖ ਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਣੇ ਸ਼ੁਰੂ ਕੀਤੇ, ਤਦੋਂ ਵਿਕਾਰਾਂ ਦਾ ਰੋਗ (ਉਸ ਦੇ ਅੰਦਰੋਂ) ਮੁੱਕ ਗਿਆ ॥੧॥ ਰਹਾਉ ॥
29240	673	ਨਹ ਸੁਣੀਐ ਨਹ ਮੁਖ ਤੇ ਬਕੀਐ ਨਹ ਮੋਹੈ ਉਹ ਡੀਠੀ॥		Neh Suneeai Neh Mukh Thae Bakeeai Neh Mohai Ouh Ddeethee ||	She is not heard - she does not speak with a mouth; she is not seen enticing mortals.	ਹੇ ਭਾਈ! ਉਹ ਮਾਇਆ ਜਦੋਂ ਮਨੁੱਖ ਨੂੰ ਆ ਕੇ ਭਰਮਾਂਦੀ ਹੈ, ਤਦੋਂ ਨਾਹ ਉਸ ਦੀ ਆਵਾਜ਼ ਸੁਣੀਦੀ ਹੈ, ਨਾਹ ਉਹ ਮੂੰਹੋਂ ਬੋਲਦੀ ਹੈ, ਨਾਹ ਉਹ ਅੱਖੀਂ ਦਿੱਸਦੀ ਹੈ।

29241	673	ਐਸੀ ਠਗਉਰੀ ਪਾਇ ਭੁਲਾਵੈ ਮਨਿ ਸਭ ਕੈ ਲਾਗੈ ਮੀਠੀ॥੨॥		Aisee Thagouree Paae Bhulaavai Man Sabh Kai Laagai Meethee ||2||	She administers her intoxicating drug, and so confuses them; thus she seems sweet to everyone's mind. ||2||	ਕੋਈ ਅਜੇਹੀ ਨਸ਼ੀਲੀ ਚੀਜ਼ ਖਵਾ ਕੇ ਮਨੁੱਖ ਨੂੰ ਕੁਰਾਹੇ ਪਾ ਦੇਂਦੀ ਹੈ ਕਿ ਸਭਨਾਂ ਦੇ ਮਨ ਵਿਚ ਉਹ ਪਿਆਰੀ ਪਈ ਲੱਗਦੀ ਹੈ ॥੨॥
29242	673	ਮਾਇ ਬਾਪ ਪੂਤ ਹਿਤ ਭ੍ਰਾਤਾ ਉਨਿ ਘਰਿ ਘਰਿ ਮੇਲਿਓ ਦੂਆ॥	(ਹਿਤ) ਮਿੱਤ੍ਰ। (ਦੂਆ) ਦੈਤ	Maae Baap Pooth Hith Bhraathaa Oun Ghar Ghar Maeliou Dhooaa ||	In each and every home, she has implanted the sense of duality in mother, father, children, friends and siblings.	ਹੇ ਭਾਈ! ਮਾਂ, ਪਿਉ, ਪੁੱਤਰ, ਮਿੱਤਰ, ਭਰਾ-ਉਸ ਮਾਇਆ ਨੇ ਹਰੇਕ ਦੇ ਹਿਰਦੇ ਵਿਚ ਵਿਤਕਰਾ ਪਾ ਰੱਖਿਆ ਹੈ।
29243	673	ਕਿਸ ਹੀ ਵਾਧਿ ਘਾਟਿ ਕਿਸ ਹੀ ਪਹਿ ਸਗਲੇ ਲਰਿ ਲਰਿ ਮੂਆ॥੩॥		Kis Hee Vaadhh Ghaatt Kis Hee Pehi Sagalae Lar Lar Mooaa ||3||	Some have more, and some have less; they fight and fight, to the death. ||3||	ਕਿਸੇ ਪਾਸ (ਮਾਇਆ) ਬਹੁਤੀ ਹੈ, ਕਿਸੇ ਪਾਸ ਥੋੜੀ ਹੈ (ਬੱਸ, ਇਸੇ ਗੱਲੇ) ਸਾਰੇ (ਆਪੋ ਵਿਚ) ਲੜ ਲੜ ਕੇ ਪਏ ਖਪਦੇ ਹਨ ॥੩॥
29244	673	ਹਉ ਬਲਿਹਾਰੀ ਸਤਿਗੁਰ ਅਪੁਨੇ ਜਿਨਿ ਇਹੁ ਚਲਤੁ ਦਿਖਾਇਆ॥		Ho Balihaaree Sathigur Apunae Jin Eihu Chalath Dhikhaaeiaa ||	I am a sacrifice to my True Guru, who has shown me this wondrous play.	ਹੇ ਭਾਈ! ਮੈਂ ਆਪਣੇ ਗੁਰੂ ਤੋਂ ਕੁਰਬਾਨ ਜਾਂਦਾ ਹਾਂ, ਜਿਸ ਨੇ ਮੈਨੂੰ (ਮਾਇਆ ਦਾ) ਇਹ ਤਮਾਸ਼ਾ (ਅੱਖੀਂ) ਵਿਖਾ ਦਿੱਤਾ ਹੈ।

29245	673	ਗੂਝੀ ਭਾਹਿ ਜਲੈ ਸੰਸਾਰਾ ਭਗਤ ਨ ਬਿਆਪੈ ਮਾਇਆ॥੪॥	(ਭਾਹਿ) ਅੱਗ	Goojhee Bhaahi Jalai Sansaaraa Bhagath N Biaapai Maaeiaa ||4||	The world is being consumed by this hidden fire, but Maya does not cling to the Lord's devotees. ||4||	(ਮੈਂ ਵੇਖ ਲਿਆ ਹੈ ਕਿ ਮਾਇਆ ਦੀ ਇਸ) ਲੁਕੀ ਹੋਈ ਅੱਗ ਨਾਲ ਸਾਰਾ ਜਗਤ ਸੜ ਰਿਹਾ ਹੈ। ਪਰਮਾਤਮਾ ਦੀ ਭਗਤੀ ਕਰਨ ਵਾਲੇ ਮਨੁੱਖ ਉੱਤੇ ਮਾਇਆ (ਆਪਣਾ) ਜ਼ੋਰ ਨਹੀਂ ਪਾ ਸਕਦੀ ॥੪॥
29246	673	ਸੰਤ ਪ੍ਰਸਾਦਿ ਮਹਾ ਸੁਖੁ ਪਾਇਆ ਸਗਲੇ ਬੰਧਨ ਕਾਟੇ॥		Santh Prasaadh Mehaa Sukh Paaeiaa Sagalae Bandhhan Kaattae ||	By the Grace of the Saints, I have obtained supreme bliss, and all my bonds have been broken.	ਉਹ ਮਨੁੱਖ ਬੜਾ ਆਤਮਕ ਆਨੰਦ ਮਾਣਦਾ ਹੈ; ਉਸ ਦੇ (ਮਾਇਆ ਵਾਲੇ) ਸਾਰੇ ਬੰਧਨ ਕੱਟੇ ਜਾਂਦੇ ਹਨ,
29247	673	ਹਰਿ ਹਰਿ ਨਾਮੁ ਨਾਨਕ ਧਨੁ ਪਾਇਆ ਅਪੁਨੈ ਘਰਿ ਲੈ ਆਇਆ ਖਾਟੇ॥੫॥੧੧॥		Har Har Naam Naanak Dhhan Paaeiaa Apunai Ghar Lai Aaeiaa Khaattae ||5||11||	Nanak has obtained the wealth of the Name of the Lord, Har, Har; having earned his profits, he has now returned home. ||5||11||	ਗੁਰੂ ਦੀ ਕਿਰਪਾ ਨਾਲ (ਜਿਸ ਨੇ) ਪਰਮਾਤਮਾ ਦਾ ਨਾਮ-ਧਨ ਲੱਭ ਲਿਆ ਹੈ, ਤੇ ਹੇ ਨਾਨਕ! ਇਹ ਧਨ ਖੱਟ-ਕਮਾ ਕੇ ਆਪਣੇ ਹਿਰਦੇ-ਘਰ ਵਿਚ ਲੈ ਆਂਦਾ ਹੈ, ॥੫॥੧੧॥
29248	673	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29249	673	ਤੁਮ ਦਾਤੇ ਠਾਕੁਰ ਪ੍ਰਤਿਪਾਲਕ ਨਾਇਕ ਖਸਮ ਹਮਾਰੇ॥		Thum Dhaathae Thaakur Prathipaalak Naaeik Khasam Hamaarae ||	You are the Giver, O Lord, O Cherisher, my Master, my Husband Lord.	ਹੇ ਪ੍ਰਭੂ! ਤੂੰ ਸਭ ਦਾਤਾਂ ਦੇਣ ਵਾਲਾ ਹੈਂ, ਤੂੰ ਮਾਲਕ ਹੈਂ, ਤੂੰ ਸਭਨਾਂ ਨੂੰ ਪਾਲਣ ਵਾਲਾ ਹੈਂ, ਤੂੰ ਸਾਡਾ ਆਗੂ ਹੈਂ (ਜੀਵਨ-ਅਗਵਾਈ ਦੇਣ ਵਾਲਾ ਹੈਂ), ਤੂੰ ਸਾਡਾ ਖਸਮ ਹੈਂ।
29250	674	ਨਿਮਖ ਨਿਮਖ ਤੁਮ ਹੀ ਪ੍ਰਤਿਪਾਲਹੁ ਹਮ ਬਾਰਿਕ ਤੁਮਰੇ ਧਾਰੇ॥੧॥		Nimakh Nimakh Thum Hee Prathipaalahu Ham Baarik Thumarae Dhhaarae ||1||	Each and every moment, You cherish and nurture me; I am Your child, and I rely upon You alone. ||1||	ਹੇ ਪ੍ਰਭੂ! ਤੂੰ ਹੀ ਇਕ ਇਕ ਛਿਨ ਸਾਡੀ ਪਾਲਣਾ ਕਰਦਾ ਹੈਂ, ਅਸੀਂ (ਤੇਰੇ) ਬੱਚੇ ਤੇਰੇ ਆਸਰੇ (ਜੀਉਂਦੇ) ਹਾਂ ॥੧॥
29251	674	ਜਿਹਵਾ ਏਕ ਕਵਨ ਗੁਨ ਕਹੀਐ॥		Jihavaa Eaek Kavan Gun Keheeai ||	I have only one tongue - which of Your Glorious Virtues can I describe?	(ਮਨੁੱਖ ਦੀ) ਇਕ ਜੀਭ ਨਾਲ ਤੇਰਾ ਕੇਹੜਾ ਕੇਹੜਾ ਗੁਣ ਦੱਸਿਆ ਜਾਏ?
29252	674	ਬੇਸੁਮਾਰ ਬੇਅੰਤ ਸੁਆਮੀ ਤੇਰੋ ਅੰਤੁ ਨ ਕਿਨਹੀ ਲਹੀਐ॥੧॥ਰਹਾਉ॥		Baesumaar Baeanth Suaamee Thaero Anth N Kin Hee Leheeai ||1|| Rehaao ||	Unlimited, infinite Lord and Master - no one knows Your limits. ||1||Pause||	ਹੇ ਅਣਗਿਣਤ ਗੁਣਾਂ ਦੇ ਮਾਲਕ! ਹੇ ਬੇਅੰਤ ਮਾਲਕ-ਪ੍ਰਭੂ! ਕਿਸੇ ਭੀ ਪਾਸੋਂ ਤੇਰੇ ਗੁਣਾਂ ਦਾ ਅੰਤ ਨਹੀਂ ਲੱਭਿਆ ਜਾ ਸਕਿਆ ॥੧॥ ਰਹਾਉ ॥

29253	674	ਕੋਟਿ ਪਰਾਧ ਹਮਾਰੇ ਖੰਡਹੁ ਅਨਿਕ ਬਿਧੀ ਸਮਝਾਵਹੁ॥		Kott Paraadhh Hamaarae Khanddahu Anik Bidhhee Samajhaavahu ||	You destroy millions of my sins, and teach me in so many ways.	ਹੇ ਪ੍ਰਭੂ! ਤੂੰ ਸਾਡੇ ਕ੍ਰੋੜਾਂ ਅਪਰਾਧ ਨਾਸ ਕਰਦਾ ਹੈਂ, ਤੂੰ ਸਾਨੂੰ ਅਨੇਕਾਂ ਤਰੀਕਿਆਂ ਨਾਲ (ਜੀਵਨ-ਜੁਗਤਿ) ਸਮਝਾਂਦਾ ਹੈਂ।
29254	674	ਹਮ ਅਗਿਆਨ ਅਲਪ ਮਤਿ ਥੋਰੀ ਤੁਮ ਆਪਨ ਬਿਰਦੁ ਰਖਾਵਹੁ॥੨॥	(ਅਲਪ) ਥੋੜੀ	Ham Agiaan Alap Math Thhoree Thum Aapan Biradh Rakhaavahu ||2||	I am so ignorant - I understand nothing at all. Please honor Your innate nature, and save me! ||2||	ਅਸੀਂ ਜੀਵ ਆਤਮਕ ਜੀਵਨ ਦੀ ਸੂਝ ਤੋਂ ਸੱਖਣੇ ਹਾਂ, ਸਾਡੀ ਅਕਲ ਥੋੜੀ ਹੈ ਹੋਛੀ ਹੈ। (ਫਿਰ ਭੀ) ਤੂੰ ਆਪਣਾ ਮੁੱਢ-ਕਦੀਮਾਂ ਦਾ ਪਿਆਰ ਵਾਲਾ ਸੁਭਾਉ ਕਾਇਮ ਰੱਖਦਾ ਹੈਂ ॥੨॥
29255	674	ਤੁਮਰੀ ਸਰਣਿ ਤੁਮਾਰੀ ਆਸਾ ਤੁਮ ਹੀ ਸਜਨ ਸੁਹੇਲੇ॥	(ਸੁਹੇਲੇ) ਸੁੱਖਦਾਇਕ। ਸੱਜਨ	Thumaree Saran Thumaaree Aasaa Thum Hee Sajan Suhaelae ||	I seek Your Sanctuary - You are my only hope. You are my companion, and my best friend.	ਹੇ ਪ੍ਰਭੂ! ਅਸੀਂ ਤੇਰੇ ਹੀ ਆਸਰੇ-ਪਰਨੇ ਹਾਂ, ਸਾਨੂੰ ਤੇਰੀ ਹੀ (ਸਹਾਇਤਾ ਦੀ) ਆਸ ਹੈ, ਤੂੰ ਹੀ ਸਾਡਾ ਸੱਜਣ ਹੈਂ, ਤੂੰ ਹੀ ਸਾਨੂੰ ਸੁਖ ਦੇਣ ਵਾਲਾ ਹੈਂ।
29256	674	ਰਾਖਹੁ ਰਾਖਨਹਾਰ ਦਇਆਲਾ ਨਾਨਕ ਘਰ ਕੇ ਗੋਲੇ॥੩॥੧੨॥		Raakhahu Raakhanehaar Dhaeiaalaa Naanak Ghar Kae Golae ||3||12||	Save me, O Merciful Saviour Lord; Nanak is the slave of Your home. ||3||12||	ਹੇ ਦਇਆਵਾਨ! ਹੇ ਸਭ ਦੀ ਰੱਖਿਆ ਕਰਨ-ਜੋਗੇ! ਸਾਡੀ ਰੱਖਿਆ ਕਰ। ਹੇ ਨਾਨਕ! (ਆਖ-) ਅਸੀਂ ਤੇਰੇ ਘਰ ਦੇ ਗ਼ੁਲਾਮ ਹਾਂ ॥੩॥੧੨॥
29257	674	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29258	674	ਪੂਜਾ ਵਰਤ ਤਿਲਕ ਇਸਨਾਨਾ ਪੁੰਨ ਦਾਨ ਬਹੁ ਦੈਨ॥	(ਦੈਨ) ਦੇਣੇ	Poojaa Varath Thilak Eisanaanaa Punn Dhaan Bahu Dhain ||	Worship, fasting, ceremonial marks on one's forehead, cleansing baths, generous donations to charities and self-mortification	ਹੇ ਭਾਈ! ਲੋਕ ਦੇਵ-ਪੂਜਾ ਕਰਦੇ ਹਨ, ਵਰਤ ਰੱਖਦੇ ਹਨ, ਮੱਥੇ ਉਤੇ ਤਿਲਕ ਲਾਂਦੇ ਹਨ, ਤੀਰਥਾਂ ਉਤੇ ਇਸ਼ਨਾਨ ਕਰਦੇ ਹਨ, (ਗਰੀਬਾਂ ਨੂੰ) ਬੜੇ ਦਾਨ-ਪੁੰਨ ਕਰਦੇ ਹਨ,
29259	674	ਕਹੂੰ ਨ ਭੀਜੈ ਸੰਜਮ ਸੁਆਮੀ ਬੋਲਹਿ ਮੀਠੇ ਬੈਨ॥੧॥		Kehoon N Bheejai Sanjam Suaamee Bolehi Meethae Bain ||1||	- the Lord Master is not pleased with any of these rituals, no matter how sweetly one may speak. ||1||	ਮਿੱਠੇ ਬੋਲ ਬੋਲਦੇ ਹਨ, ਪਰ ਅਜੇਹੀ ਕਿਸੇ ਭੀ ਜੁਗਤਿ ਨਾਲ ਮਾਲਕ-ਪ੍ਰਭੂ ਖ਼ੁਸ਼ ਨਹੀਂ ਹੁੰਦਾ ॥੧॥
29260	674	ਪ੍ਰਭ ਜੀ ਕੋ ਨਾਮੁ ਜਪਤ ਮਨ ਚੈਨ॥		Prabh Jee Ko Naam Japath Man Chain ||	Chanting the Name of God, the mind is soothed and pacified.	ਹੇ ਭਾਈ! ਪਰਮਾਤਮਾ ਦਾ ਨਾਮ ਜਪਿਆਂ (ਹੀ) ਮਨ ਨੂੰ ਸ਼ਾਂਤੀ (ਪ੍ਰਾਪਤ ਹੁੰਦੀ ਹੈ)!
29261	674	ਬਹੁ ਪ੍ਰਕਾਰ ਖੋਜਹਿ ਸਭਿ ਤਾ ਕਉ ਬਿਖਮੁ ਨ ਜਾਈ ਲੈਨ॥੧॥ਰਹਾਉ॥		Bahu Prakaar Khojehi Sabh Thaa Ko Bikham N Jaaee Lain ||1|| Rehaao ||	Everyone searches for Him in different ways, but the search is so difficult, and He cannot be found. ||1||Pause||	ਸਾਰੇ ਲੋਕ ਕਈ ਤਰੀਕਿਆਂ ਨਾਲ ਉਸ ਪਰਮਾਤਮਾ ਨੂੰ ਲੱਭਦੇ ਹਨ, (ਪਰ ਸਿਮਰਨ ਤੋਂ ਬਿਨਾ ਉਸ ਨੂੰ ਲੱਭਣਾ) ਔਖਾ ਹੈ, ਨਹੀਂ ਲੱਭ ਸਕੀਦਾ ॥੧॥ ਰਹਾਉ ॥

29262	674	ਜਾਪ ਤਾਪ ਭ੍ਰਮਨ ਬਸੁਧਾ ਕਰਿ ਉਰਧ ਤਾਪ ਲੈਗੈਨ॥	(ਉਰਧ) ਪੁੱਠੇ ਲਮਕਣ। (ਤਾਪ) ਤਪ ਚ। (ਲੈਗੈਨ) ਲੱਗਣਾ ਕਰਦੇ ਹਨ। ਬਸੁ-ਧਾ:ਪੋਲਾ ਬੋਲੋ	Jaap Thaap Bhraman Basudhhaa Kar Ouradhh Thaap Lai Gain ||	Chanting, deep meditation and penance, wandering over the face of the earth, the performance of austerities with the arms stretched up to the sky	ਹੇ ਭਾਈ! ਜਪ ਤਪ ਕਰ ਕੇ, ਸਾਰੀ ਧਰਤੀ ਉਤੇ ਚੱਕਰ ਲਾ ਕੇ, ਸਿਰ-ਭਾਰ ਤਪ ਕਰ ਕੇ, ਪ੍ਰਾਣ ਦਸਮ ਦੁਆਰ ਵਿਚ ਚਾੜ੍ਹ ਕੇ,
29263	674	ਇਹ ਬਿਧਿ ਨਹ ਪਤੀਆਨੋ ਠਾਕੁਰ ਜੋਗ ਜੁਗਤਿ ਕਰਿ ਜੈਨ॥੨॥	(ਜੈਨ) ਜੈਨ ਮੱਤ ਵਾਲੀ	Eih Bidhh Neh Patheeaano Thaakur Jog Jugath Kar Jain ||2||	- the Lord is not pleased by any of these means, though one may follow the path of Yogis and Jains. ||2||	ਜੋਗ-ਮਤ ਦੀਆਂ ਜੁਗਤੀਆਂ ਕਰ ਕੇ, ਜੈਨ-ਮਤ ਦੀਆਂ ਜੁਗਤੀਆਂ ਕਰ ਕੇ-ਇਹਨਾਂ ਤਰੀਕਿਆਂ ਨਾਲ ਭੀ ਮਾਲਕ-ਪ੍ਰਭੂ ਨਹੀਂ ਪਤੀਜਦਾ ॥੨॥
29264	674	ਅੰਮ੍ਰਿਤ ਨਾਮੁ ਨਿਰਮੋਲਕੁ ਹਰਿ ਜਸੁ ਤਿਨਿ ਪਾਇਓ ਜਿਸੁ ਕਿਰਪੈਨ॥		Anmrith Naam Niramolak Har Jas Thin Paaeiou Jis Kirapain ||	The Ambrosial Naam, the Name of the Lord, and the Praises of the Lord are priceless; he alone obtains them, whom the Lord blesses with His Mercy.	ਹੇ ਭਾਈ! ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ, ਪਰਮਾਤਮਾ ਦੀ ਸਿਫ਼ਤ-ਸਾਲਾਹ ਇਕ ਐਸਾ ਪਦਾਰਥ ਹੈ ਜਿਸ ਦਾ ਕੋਈ ਮੁੱਲ ਨਹੀਂ ਪੈ ਸਕਦਾ-ਇਹ ਦਾਤਿ ਉਸ ਮਨੁੱਖ ਨੇ ਹਾਸਲ ਕੀਤੀ ਹੈ ਜਿਸ ਉੱਤੇ ਪਰਮਾਤਮਾ ਦੀ ਕਿਰਪਾ ਹੋਈ ਹੈ।

29265	674	ਸਾਧਸੰਗਿ ਰੰਗਿ ਪ੍ਰਭ ਭੇਟੇ ਨਾਨਕ ਸੁਖਿ ਜਨ ਰੈਨ॥੩॥੧੩॥		Saadhhasang Rang Prabh Bhaettae Naanak Sukh Jan Rain ||3||13||	Joining the Saadh Sangat, the Company of the Holy, Nanak lives in the Love of God; his life-night passes in peace. ||3||13||	ਹੇ ਨਾਨਕ! (ਆਖ-ਹੇ ਭਾਈ!) ਗੁਰੂ ਦੀ ਸੰਗਤਿ ਦੀ ਰਾਹੀਂ ਪ੍ਰੇਮ-ਰੰਗ ਵਿਚ ਜੁੜ ਕੇ ਜਿਸ ਮਨੁੱਖ ਨੂੰ ਪ੍ਰਭੂ ਜੀ ਮਿਲੇ ਹਨ, ਉਸ ਮਨੁੱਖ ਦੀ ਜੀਵਨ-ਰਾਤ ਸੁਖ-ਆਨੰਦ ਵਿਚ ਬੀਤਦੀ ਹੈ ॥੩॥੧੩॥
29266	674	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29267	674	ਬੰਧਨ ਤੇ ਛੁਟਕਾਵੈ ਪ੍ਰਭੂ ਮਿਲਾਵੈ ਹਰਿ ਹਰਿ ਨਾਮੁ ਸੁਨਾਵੈ॥		Bandhhan Thae Shhuttakaavai Prabhoo Milaavai Har Har Naam Sunaavai ||	Is there anyone who can release me from my bondage, unite me with God, recite the Name of the Lord, Har, Har,	ਜੇਹੜਾ ਮਿੱਤਰ ਮੈਨੂੰ ਮਾਇਆ ਦੇ ਬੰਧਨਾਂ ਤੋਂ ਛੁਡਾ ਲਏ, ਮੈਨੂੰ ਪਰਮਾਤਮਾ ਮਿਲਾ ਦੇਵੇ, ਮੈਨੂੰ ਪਰਮਾਤਮਾ ਦਾ ਨਾਮ ਸਦਾ ਸੁਣਾਇਆ ਕਰੇ,
29268	674	ਅਸਥਿਰੁ ਕਰੇ ਨਿਹਚਲੁ ਇਹੁ ਮਨੂਆ ਬਹੁਰਿ ਨ ਕਤਹੂ ਧਾਵੈ॥੧॥		Asathhir Karae Nihachal Eihu Manooaa Bahur N Kathehoo Dhhaavai ||1||	And make this mind steady and stable, so that it no longer wanders around? ||1||	ਮੇਰੇ ਇਸ ਮਨ ਨੂੰ ਡੋਲਣ ਤੋਂ ਚੰਚਲਤਾ ਤੋਂ ਹਟਾ ਲਏ, ਤਾ ਕਿ ਇਹ ਫਿਰ ਕਿਸੇ ਭੀ ਪਾਸੇ ਭਟਕਿਆ ਨਾਹ ਕਰੇ (ਮੈਂ ਆਪਣੇ ਸਭ ਕੁਝ ਉਸ ਦੇ ਹਵਾਲੇ ਕਰ ਦਿਆਂ) ॥੧॥
29269	674	ਹੈ ਕੋਊ ਐਸੋ ਹਮਰਾ ਮੀਤੁ॥		Hai Kooo Aiso Hamaraa Meeth ||	Do I have any such friend?	ਜੇ ਕੋਈ ਮੈਨੂੰ ਇਹੋ ਜਿਹਾ ਮੇਰਾ ਮਿੱਤਰ ਮਿਲ ਜਾਏ (ਜੇਹੜਾ ਮੈਨੂੰ ਮਾਇਆ ਦੇ ਬੰਧਨਾਂ ਤੋਂ ਛੁਡਾ ਲਏ)

29270	674	ਸਗਲ ਸਮਗ੍ਰੀ ਜੀਉ ਹੀਉ ਦੇਉ ਅਰਪਉ ਅਪਨੋ ਚੀਤੁ॥੧॥ ਰਹਾਉ॥	ਸਮੱਗ੍ਰੀ	Sagal Samagree Jeeo Heeo Dhaeo Arapo Apano Cheeth ||1|| Rehaao ||	I would give him all my property, my soul and my heart; I would devote my consciousness to him. ||1||Pause||	ਮੈਂ ਉਸ ਨੂੰ ਆਪਣਾ ਸਾਰਾ ਧਨ-ਪਦਾਰਥ, ਆਪਣੀ ਜਿੰਦ, ਆਪਣਾ ਹਿਰਦਾ ਦੇ ਦਿਆਂ। ਮੈਂ ਆਪਣਾ ਚਿੱਤ ਉਸ ਦੇ ਹਵਾਲੇ ਕਰ ਦਿਆਂ ॥੧॥ ਰਹਾਉ ॥
29271	674	ਪਰ ਧਨ ਪਰ ਤਨ ਪਰ ਕੀ ਨਿੰਦਾ ਇਨ ਸਿਉ ਪ੍ਰੀਤਿ ਨ ਲਾਗੈ॥		Par Dhhan Par Than Par Kee Nindhaa Ein Sio Preeth N Laagai ||	Others' wealth, others' bodies, and the slander of others - do not attach your love to them.	(ਕੋਈ ਐਸਾ ਮਿੱਤਰ ਮਿਲ ਪਏ ਜਿਸ ਦੀ ਕਿਰਪਾ ਨਾਲ) ਪਰਾਇਆ ਧਨ, ਪਰਾਈ ਇਸਤ੍ਰੀ, ਪਰਾਈ ਨਿੰਦਾ-ਇਹਨਾਂ ਨਾਲ ਮੇਰਾ ਪਿਆਰ ਨਾਹ ਬਣੇ।
29272	674	ਸੰਤਹ ਸੰਗੁ ਸੰਤ ਸੰਭਾਖਨੁ ਹਰਿ ਕੀਰਤਨਿ ਮਨੁ ਜਾਗੈ॥੨॥	(ਸੰਭਾਖਨੁ) ਸ੍ਰੇਸ਼ਟ ਚਰਚਾ	Santheh Sang Santh Sanbhaakhan Har Keerathan Man Jaagai ||2||	Associate with the Saints, speak with the Saints, and keep your mind awake to the Kirtan of the Lord's Praises. ||2||	ਮੈਂ ਸੰਤਾਂ ਦਾ ਸੰਗ ਕਰਿਆ ਕਰਾਂ, ਮੇਰਾ ਸੰਤਾਂ ਨਾਲ ਹੀ ਬਚਨ-ਬਿਲਾਸ ਰਹੇ, ਪਰਮਾਤਮਾ ਦੀ ਸਿਫ਼ਤ-ਸਾਲਾਹ ਵਿਚ ਮੇਰਾ ਮਨ ਹਰ ਵੇਲੇ ਸੁਚੇਤ ਰਿਹਾ ਕਰੇ ॥੨॥
29273	674	ਗੁਣ ਨਿਧਾਨ ਦਇਆਲ ਪੁਰਖ ਪ੍ਰਭ ਸਰਬ ਸੂਖ ਦਇਆਲਾ॥		Gun Nidhhaan Dhaeiaal Purakh Prabh Sarab Sookh Dhaeiaalaa ||	God is the treasure of virtue, kind and compassionate, the source of all comfort.	ਹੇ ਗੁਣਾਂ ਦੇ ਖ਼ਜ਼ਾਨੇ! ਹੇ ਦਇਆ ਦੇ ਘਰ! ਹੇ ਸਰਬ-ਵਿਆਪਕ! ਹੇ ਪ੍ਰਭੂ! ਹੇ ਸਾਰੇ ਸੁਖਾਂ ਦੀ ਬਖਸ਼ਸ਼ ਕਰਨ ਵਾਲੇ!

29274	674	ਮਾਗੈ ਦਾਨੁ ਨਾਮੁ ਤੇਰੋ ਨਾਨਕੁ ਜਿਉ ਮਾਤਾ ਬਾਲ ਗੁਪਾਲਾ॥੩॥੧੪॥		Maagai Dhaan Naam Thaero Naanak Jio Maathaa Baal Gupaalaa ||3||14||	Nanak begs for the gift of Your Name; O Lord of the world, love him, like the mother loves her child. ||3||14||	ਹੇ ਗੋਪਾਲ! ਜਿਵੇਂ ਬੱਚੇ ਆਪਣੀ ਮਾਂ ਪਾਸੋਂ (ਖਾਣ ਪੀਣ ਲਈ ਮੰਗਦੇ ਹਨ) ਮੈਂ ਤੇਰਾ ਦਾਸ ਨਾਨਕ ਤੇਰੇ ਪਾਸੋਂ ਤੇਰੇ ਨਾਮ ਦਾ ਦਾਨ ਮੰਗਦਾ ਹਾਂ ॥੩॥੧੪॥
29275	674	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29276	674	ਹਰਿ ਹਰਿ ਲੀਨੇ ਸੰਤ ਉਬਾਰਿ॥		Har Har Leenae Santh Oubaar ||	The Lord saves His Saints.	ਹੇ ਭਾਈ! ਪਰਮਾਤਮਾ ਆਪਣੇ ਸੰਤਾਂ ਨੂੰ ਸਦਾ ਹੀ ਬਚਾਂਦਾ ਆ ਰਿਹਾ ਹੈ।
29277	674	ਹਰਿ ਕੇ ਦਾਸ ਕੀ ਚਿਤਵੈ ਬੁਰਿਆਈ ਤਿਸ ਹੀ ਕਉ ਫਿਰਿ ਮਾਰਿ॥੧॥ਰਹਾਉ॥		Har Kae Dhaas Kee Chithavai Buriaaee This Hee Ko Fir Maar ||1|| Rehaao ||	One who wishes misfortune upon the Lord's slaves, shall be destroyed by the Lord eventually. ||1||Pause||	ਜੇ ਕੋਈ ਮਨੁੱਖ ਪਰਮਾਤਮਾ ਦੇ ਸੇਵਕ ਦੀ ਕੋਈ ਹਾਨੀ ਕਰਨ ਦੀਆਂ ਸੋਚਾਂ ਸੋਚਦਾ ਹੈ, ਤਾਂ ਪਰਮਾਤਮਾ ਉਸੇ ਨੂੰ ਹੀ ਆਤਮਕ ਮੌਤੇ ਮਾਰ ਦੇਂਦਾ ਹੈ ॥੧॥ ਰਹਾਉ ॥
29278	674	ਜਨ ਕਾ ਆਪਿ ਸਹਾਈ ਹੋਆ ਨਿੰਦਕ ਭਾਗੇ ਹਾਰਿ॥		Jan Kaa Aap Sehaaee Hoaa Nindhak Bhaagae Haar ||	He Himself is the help and support of His humble servants; He defeats the slanderers, and chases them away.	ਹੇ ਭਾਈ! ਪਰਮਾਤਮਾ ਆਪਣੇ ਸੇਵਕ ਦਾ ਆਪ ਮਦਦਗਾਰ ਬਣਦਾ ਹੈ, ਉਸ ਦੇ ਨਿੰਦਕ (ਨਿੰਦਾ ਦੇ ਕੰਮ ਵਿਚ) ਹਾਰ ਖਾ ਕੇ ਭੱਜ ਜਾਂਦੇ ਹਨ।

29279	674	ਭ੍ਰਮਤ ਭ੍ਰਮਤ ਊਹਾਂ ਹੀ ਮੂਏ ਬਾਹੁੜਿ ਗ੍ਰਿਹਿ ਨ ਮੰਝਾਰਿ॥੧॥	(ਮੰਝਾਰਿ) ਵਿੱਚ	Bhramath Bhramath Oohaan Hee Mooeae Baahurr Grihi N Manjhaar ||1||	Wandering around aimlessly, they die out there; they never return to their homes again. ||1||	ਨਿੰਦਕ ਮਨੁੱਖ ਨਿੰਦਾ ਦੇ ਕੰਮ ਵਿਚ ਭਟਕ ਕੇ ਨਿੰਦਾ ਦੇ ਗੇੜ ਵਿਚ ਹੀ ਆਤਮਕ ਮੌਤ ਸਹੇੜ ਲੈਂਦੇ ਹਨ, ਤੇ ਫਿਰ ਅਨੇਕਾਂ ਜੂਨਾਂ ਵਿਚ ਜਾ ਪੈਂਦੇ ਹਨ ॥੧॥
29280	674	ਨਾਨਕ ਸਰਣਿ ਪਰਿਓ ਦੁਖਭੰਜਨ ਗੁਨ ਗਾਵੈ ਸਦਾ ਅਪਾਰਿ॥		Naanak Saran Pariou Dhukh Bhanjan Gun Gaavai Sadhaa Apaar ||	Nanak seeks the Sanctuary of the Destroyer of pain; he sings the Glorious Praises of the infinite Lord forever.	ਹੇ ਨਾਨਕ! (ਆਖ-ਹੇ ਭਾਈ! ਜੇਹੜਾ ਮਨੁੱਖ) ਦੁੱਖਾਂ ਦੇ ਨਾਸ ਕਰਨ ਵਾਲੇ ਪਰਮਾਤਮਾ ਦੀ ਸਰਨ ਆ ਪੈਂਦਾ ਹੈ, ਉਹ ਉਸ ਬੇਅੰਤ ਪ੍ਰਭੂ ਵਿਚ ਲੀਨ ਹੋ ਕੇ ਸਦਾ ਉਸ ਦੇ ਗੁਣ ਗਾਂਦਾ ਰਹਿੰਦਾ ਹੈ।
29281	674	ਨਿੰਦਕ ਕਾ ਮੁਖੁ ਕਾਲਾ ਹੋਆ ਦੀਨ ਦੁਨੀਆ ਕੈ ਦਰਬਾਰਿ॥੨॥੧੫॥		Nindhak Kaa Mukh Kaalaa Hoaa Dheen Dhuneeaa Kai Dharabaar ||2||15||	The faces of the slanderers are blackened in the courts of this world, and the world beyond. ||2||15||	ਪਰ ਉਸ ਦੀ ਨਿੰਦਾ ਕਰਨ ਵਾਲੇ ਮਨੁੱਖ ਦਾ ਮੂੰਹ ਦੁਨੀਆ ਦੇ ਦਰਬਾਰ ਵਿਚ ਅਤੇ ਦੀਨ ਦੇ ਦਰਬਾਰ ਵਿਚ (ਲੋਕ ਪਰਲੋਕ ਵਿਚ) ਕਾਲਾ ਹੁੰਦਾ ਹੈ (ਨਿੰਦਕ ਲੋਕ ਪਰਲੋਕ ਵਿਚ ਬਦਨਾਮੀ ਖੱਟਦਾ ਹੈ) ॥੨॥੧੫॥
29282	674	ਧਨਾਸਿਰੀ ਮਹਲਾ ੫॥		Dhhanaasiree Mehalaa 5 ||	Dhanaasaree, Fifth Mehl:	
29283	674	ਅਬ ਹਰਿ ਰਾਖਨਹਾਰੁ ਚਿਤਾਰਿਆ॥		Ab Har Raakhanehaar Chithaariaa ||	Now, I contemplate and meditate on the Lord, the Saviour Lord.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਇਸ ਮਨੁੱਖਾ ਜਨਮ ਵਿਚ (ਵਿਕਾਰਾਂ ਤੋਂ) ਬਚਾ ਸਕਣ ਵਾਲੇ ਪਰਮਾਤਮਾ ਨੂੰ ਯਾਦ ਕਰਨਾ ਸ਼ੁਰੂ ਕਰ ਦਿੱਤਾ,

29284	674	ਪਤਿਤ ਪੁਨੀਤ ਕੀਏ ਖਿਨ ਭੀਤਰਿ ਸਗਲਾ ਰੋਗੁ ਬਿਦਾਰਿਆ॥੧॥ਰਹਾਉ॥		Pathith Puneeth Keeeae Khin Bheethar Sagalaa Rog Bidhaariaa ||1|| Rehaao ||	He purifies sinners in an instant, and cures all diseases. ||1||Pause||	ਪਰਮਾਤਮਾ ਨੇ ਇਕ ਛਿਨ ਵਿਚ ਉਹਨਾਂ ਨੂੰ ਵਿਕਾਰੀਆਂ ਤੋਂ ਪਵਿਤ੍ਰ ਜੀਵਨ ਵਾਲੇ ਬਣਾ ਦਿੱਤਾ, ਉਹਨਾਂ ਦਾ ਸਾਰਾ ਰੋਗ ਕੱਟ ਦਿੱਤਾ ॥੧॥ ਰਹਾਉ ॥
29285	674	ਗੋਸਟਿ ਭਈ ਸਾਧ ਕੈ ਸੰਗਮਿ ਕਾਮ ਕ੍ਰੋਧੁ ਲੋਭੁ ਮਾਰਿਆ॥		Gosatt Bhee Saadhh Kai Sangam Kaam Krodhh Lobh Maariaa ||	Talking with the Holy Saints, my sexual desire, anger and greed have been eradicated.	ਹੇ ਭਾਈ! ਗੁਰੂ ਦੀ ਸੰਗਤਿ ਵਿਚ ਜਿਨ੍ਹਾਂ ਮਨੁੱਖਾਂ ਦਾ ਮੇਲ ਹੋ ਗਿਆ, (ਪਰਮਾਤਮਾ ਨੇ ਉਹਨਾਂ ਦੇ ਅੰਦਰੋਂ) ਕਾਮ ਕ੍ਰੋਧ ਲੋਭ ਮਾਰ ਮੁਕਾਇਆ।
29286	674	ਸਿਮਰਿ ਸਿਮਰਿ ਪੂਰਨ ਨਾਰਾਇਨ ਸੰਗੀ ਸਗਲੇ ਤਾਰਿਆ॥੧॥		Simar Simar Pooran Naaraaein Sangee Sagalae Thaariaa ||1||	Remembering, remembering the Perfect Lord in meditation, I have saved all my companions. ||1||	ਸਰਬ-ਵਿਆਪਕ ਪਰਮਾਤਮਾ ਦਾ ਨਾਮ ਮੁੜ ਮੁੜ ਸਿਮਰ ਕੇ ਉਹਨਾਂ ਨੇ ਆਪਣੇ ਸਾਰੇ ਸਾਥੀ ਭੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲਏ ॥੧॥
29287	675	ਅਉਖਧ ਮੰਤ੍ਰ ਮੂਲ ਮਨ ਏਕੈ ਮਨਿ ਬਿਸ੍ਵਾਸੁ ਪ੍ਰਭ ਧਾਰਿਆ॥	ਬਿਸ੍ਵਾਸੁ:ਅੱਧਾ ਵਾਵਾ ਪੋਲਾ ਬੋਲੋ, ਪੂਰਾ ਵਾਵਾ ਭਰਵਾਂ ਬੋਲੀਦਾ ਹੈ	Aoukhadhh Manthr Mool Man Eaekai Man Bisvaas Prabh Dhhaariaa ||	The Mul Mantra, the Root Mantra, is the only cure for the mind; I have installed faith in God in my mind.	ਹੇ ਮਨ! ਪਰਮਾਤਮਾ ਦਾ ਇਕ ਨਾਮ ਹੀ ਸਾਰੀਆਂ ਦਵਾਈਆਂ ਦਾ ਮੂਲ ਹੈ, ਸਾਰੇ ਮੰਤ੍ਰਾਂ ਦਾ ਮੂਲ ਹੈ। ਜਿਸ ਮਨੁੱਖ ਨੇ ਆਪਣੇ ਮਨ ਵਿਚ ਪਰਮਾਤਮਾ ਵਾਸਤੇ ਸਰਧਾ ਧਾਰ ਲਈ ਹੈ,

29288	675	ਚਰਨ ਰੇਨ ਬਾਂਛੈ ਨਿਤ ਨਾਨਕੁ ਪੁਨਹ ਪੁਨਹ ਬਲਿਹਾਰਿਆ॥੨॥੧੬॥		Charan Raen Baanshhai Nith Naanak Puneh Puneh Balihaariaa ||2||16||	Nanak ever longs for the dust of the Lord's feet; again and again, he is a sacrifice to the Lord. ||2||16||	ਨਾਨਕ ਉਸ ਮਨੁੱਖ ਦੇ ਚਰਨਾਂ ਦੀ ਧੂੜ ਸਦਾ ਮੰਗਦਾ ਹੈ, ਨਾਨਕ ਉਸ ਮਨੁੱਖ ਤੋਂ ਸਦਾ ਸਦਕੇ ਜਾਂਦਾ ਹੈ ॥੨॥੧੬॥
29289	675	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29290	675	ਮੇਰਾ ਲਾਗੋ ਰਾਮ ਸਿਉ ਹੇਤੁ॥		Maeraa Laago Raam Sio Haeth ||	I have fallen in love with the Lord.	ਹੇ ਭਾਈ! (ਉਸ ਗੁਰੂ ਦੀ ਕਿਰਪਾ ਨਾਲ) ਮੇਰਾ ਪਰਮਾਤਮਾ ਨਾਲ ਪਿਆਰ ਬਣ ਗਿਆ ਹੈ,
29291	675	ਸਤਿਗੁਰੁ ਮੇਰਾ ਸਦਾ ਸਹਾਈ ਜਿਨਿ ਦੁਖ ਕਾ ਕਾਟਿਆ ਕੇਤੁ॥੧॥ਰਹਾਉ॥	(ਕੇਤੁ) ਨਿਸ਼ਾਨ	Sathigur Maeraa Sadhaa Sehaaee Jin Dhukh Kaa Kaattiaa Kaeth ||1|| Rehaao ||	My True Guru is always my help and support; He has torn down the banner of pain. ||1||Pause||	ਉਹ ਗੁਰੂ ਮੇਰਾ ਭੀ ਸਦਾ ਲਈ ਮਦਦਗਾਰ ਬਣ ਗਿਆ ਹੈ, ਜਿਸ ਗੁਰੂ ਨੇ (ਸਰਨ ਆਏ ਹਰੇਕ ਮਨੁੱਖ ਦਾ) ਬੋਦੀ ਵਾਲਾ ਤਾਰਾ ਹੀ ਸਦਾ ਕੱਟ ਦਿੱਤਾ ਹੈ (ਜੇਹੜਾ ਗੁਰੂ ਹਰੇਕ ਸਰਨ ਆਏ ਮਨੁੱਖ ਦੇ ਦੁੱਖਾਂ ਦੀ ਜੜ੍ਹ ਹੀ ਕੱਟ ਦੇਂਦਾ ਹੈ) ॥੧॥ ਰਹਾਉ ॥
29292	675	ਹਾਥ ਦੇਇ ਰਾਖਿਓ ਅਪੁਨਾ ਕਰਿ ਬਿਰਥਾ ਸਗਲ ਮਿਟਾਈ॥	(ਬਿਰਥਾ) ਪੀੜ। ਦੇ-ਇ	Haathh Dhaee Raakhiou Apunaa Kar Birathhaa Sagal Mittaaee ||	Giving me His hand, He has protected me as His own, and removed all my troubles.	(ਹੇ ਭਾਈ! ਉਹ ਪਰਮਾਤਮਾ ਆਪਣੇ ਸੇਵਕਾਂ ਨੂੰ ਆਪਣੇ) ਹੱਥ ਦੇ ਕੇ (ਦੁੱਖਾਂ ਤੋਂ) ਬਚਾਂਦਾ ਹੈ, (ਸੇਵਕਾਂ ਨੂੰ) ਆਪਣੇ ਬਣਾ ਕੇ ਉਹਨਾਂ ਦਾ ਸਾਰਾ ਦੁੱਖ-ਦਰਦ ਮਿਟਾ ਦੇਂਦਾ ਹੈ।

29293	675	ਨਿੰਦਕ ਕੇ ਮੁਖ ਕਾਲੇ ਕੀਨੇ ਜਨ ਕਾ ਆਪਿ ਸਹਾਈ॥੧॥		Nindhak Kae Mukh Kaalae Keenae Jan Kaa Aap Sehaaee ||1||	He has blackened the faces of the slanderers, and He Himself has become the help and support of His humble servant. ||1||	ਪਰਮਾਤਮਾ ਆਪਣੇ ਸੇਵਕਾਂ ਦਾ ਆਪ ਮਦਦਗਾਰ ਬਣਦਾ ਹੈ, ਤੇ, ਉਹਨਾਂ ਦੀ ਨਿੰਦਾ ਕਰਨ ਵਾਲਿਆਂ ਦੇ ਮੂੰਹ ਕਾਲੇ ਕਰਦਾ ਹੈ ॥੧॥
29294	675	ਸਾਚਾ ਸਾਹਿਬੁ ਹੋਆ ਰਖਵਾਲਾ ਰਾਖਿ ਲੀਏ ਕੰਠਿ ਲਾਇ॥		Saachaa Saahib Hoaa Rakhavaalaa Raakh Leeeae Kanth Laae ||	The True Lord and Master has become my Saviour; hugging me close in His embrace, He has saved me.	ਸਦਾ ਕਾਇਮ ਰਹਿਣ ਵਾਲਾ ਮਾਲਕ (ਆਪਣੇ ਸੇਵਕਾਂ ਦਾ ਆਪ) ਰਾਖਾ ਬਣਦਾ ਹੈ, ਉਹਨਾਂ ਨੂੰ ਆਪਣੇ ਗਲ ਨਾਲ ਲਾ ਕੇ ਰੱਖਦਾ ਹੈ।
29295	675	ਨਿਰਭਉ ਭਏ ਸਦਾ ਸੁਖ ਮਾਣੇ ਨਾਨਕ ਹਰਿ ਗੁਣ ਗਾਇ॥੨॥੧੭॥		Nirabho Bheae Sadhaa Sukh Maanae Naanak Har Gun Gaae ||2||17||	Nanak has become fearless, and he enjoys eternal peace, singing the Glorious Praises of the Lord. ||2||17||	ਹੇ ਨਾਨਕ! ਪਰਮਾਤਮਾ ਦੇ ਸੇਵਕ ਪਰਮਾਤਮਾ ਦੇ ਗੁਣ ਗਾ ਗਾ ਕੇ, ਤੇ, ਸਦਾ ਆਤਮਕ ਆਨੰਦ ਮਾਣ ਕੇ (ਦੁੱਖਾਂ ਕਲੇਸ਼ਾਂ ਵਲੋਂ) ਨਿਡਰ ਹੋ ਜਾਂਦੇ ਹਨ ॥੨॥੧੭॥
29296	675	ਧਨਾਸਿਰੀ ਮਹਲਾ ੫॥		Dhhanaasiree Mehalaa 5 ||	Dhanaasaree, Fifth Mehl:	
29297	675	ਅਉਖਧੁ ਤੇਰੋ ਨਾਮੁ ਦਇਆਲ॥		Aoukhadhh Thaero Naam Dhaeiaal ||	Your Name is the medicine, O Merciful Lord.	ਹੇ ਦਇਆ ਦੇ ਘਰ ਪ੍ਰਭੂ! ਤੇਰਾ ਨਾਮ (ਮੇਰੇ ਹਰੇਕ ਰੋਗ ਦੀ) ਦਵਾਈ ਹੈ,

29298	675	ਮੋਹਿ ਆਤੁਰ ਤੇਰੀ ਗਤਿ ਨਹੀ ਜਾਨੀ ਤੂੰ ਆਪਿ ਕਰਹਿ ਪ੍ਰਤਿਪਾਲ॥੧॥ਰਹਾਉ ॥	(ਆਤੁਰ) ਅਧੀਨ, ਦੁਖੀ	Mohi Aathur Thaeree Gath Nehee Jaanee Thoon Aap Karehi Prathipaal ||1|| Rehaao ||	I am so miserable, I do not know Your state; You Yourself cherish me, Lord. ||1||Pause||	ਪਰ ਮੈਂ ਦੁੱਖੀਏ ਨੇ ਸਮਝਿਆ ਹੀ ਨਹੀਂ ਸੀ ਕਿ ਤੂੰ ਕਿਤਨੀ ਉੱਚੀ ਆਤਮਕ ਅਵਸਥਾ ਵਾਲਾ ਹੈਂ, (ਫਿਰ ਭੀ) ਤੂੰ ਆਪ ਮੇਰੀ ਪਾਲਣਾ ਕਰਦਾ ਹੈਂ ॥੧॥ ਰਹਾਉ ॥
29299	675	ਧਾਰਿ ਅਨੁਗ੍ਰਹੁ ਸੁਆਮੀ ਮੇਰੇ ਦੁਤੀਆ ਭਾਉ ਨਿਵਾਰਿ॥	(ਅ-ਨੁੱਗ੍ਰਹੁ) ਕ੍ਰਿਪਾ	Dhhaar Anugrahu Suaamee Maerae Dhutheeaa Bhaao Nivaar ||	Take pity on me, O my Lord and Master, and remove the love of duality from within me.	ਹੇ ਮੇਰੇ ਮਾਲਕ! ਮੇਰੇ ਉੱਤੇ ਮੇਹਰ ਕਰ (ਮੇਰੇ ਅੰਦਰੋਂ) ਮਾਇਆ ਦਾ ਮੋਹ ਦੂਰ ਕਰ।
29300	675	ਬੰਧਨ ਕਾਟਿ ਲੇਹੁ ਅਪੁਨੇ ਕਰਿ ਕਬਹੂ ਨ ਆਵਹ ਹਾਰਿ॥੧॥		Bandhhan Kaatt Laehu Apunae Kar Kabehoo N Aaveh Haar ||1||	Break my bonds, and take me as Your own, so that I may never come to lose. ||1||	ਹੇ ਪ੍ਰਭੂ! ਸਾਡੇ (ਮਾਇਆ ਦੇ ਮੋਹ ਦੇ) ਬੰਧਨ ਕੱਟ ਕੇ ਸਾਨੂੰ ਆਪਣੇ ਬਣਾ ਲਵੋ, ਅਸੀਂ ਕਦੇ (ਮਨੁੱਖ ਜਨਮ ਦੀ ਬਾਜ਼ੀ) ਹਾਰ ਕੇ ਨਾਹ ਆਵੀਏ ॥੧॥
29301	675	ਤੇਰੀ ਸਰਨਿ ਪਇਆ ਹਉ ਜੀਵਾਂ ਤੂੰ ਸੰਮ੍ਰਥੁ ਪੁਰਖੁ ਮਿਹਰਵਾਨੁ॥		Thaeree Saran Paeiaa Ho Jeevaan Thoon Sanmrathh Purakh Miharavaan ||	Seeking Your Sanctuary, I live, almighty and merciful Lord and Master.	(ਹੇ ਪ੍ਰਭੂ!) ਤੇਰੀ ਸਰਨ ਪੈ ਕੇ ਮੈਂ ਆਤਮਕ ਜੀਵਨ ਵਾਲਾ ਬਣਿਆ ਰਹਿੰਦਾ ਹਾਂ (ਮੈਨੂੰ ਆਪਣੀ ਸਰਨ ਵਿਚ ਰੱਖ) ਤੂੰ ਸਾਰੀਆਂ ਤਾਕਤਾਂ ਦਾ ਮਾਲਕ ਹੈਂ, ਤੂੰ ਸਰਬ-ਵਿਆਪਕ ਹੈਂ, ਤੂੰ (ਸਭ ਉਤੇ) ਦਇਆ ਕਰਨ ਵਾਲਾ ਹੈਂ।

29302	675	ਆਠ ਪਹਰ ਪ੍ਰਭ ਕਉ ਆਰਾਧੀ ਨਾਨਕ ਸਦ ਕੁਰਬਾਨੁ॥੨॥੧੮॥		Aath Pehar Prabh Ko Aaraadhhee Naanak Sadh Kurabaan ||2||18||	Twenty-four hours a day, I worship God; Nanak is forever a sacrifice to Him. ||2||18||	(ਹੇ ਭਾਈ! ਮੇਰੀ ਇਹੀ ਅਰਦਾਸ ਹੈ ਕਿ) ਮੈਂ ਅੱਠੇ ਪਹਰ ਪਰਮਾਤਮਾ ਦਾ ਆਰਾਧਨ ਕਰਦਾ ਰਹਾਂ। ਹੇ ਨਾਨਕ! (ਆਖ-) ਮੈਂ ਉਸ ਤੋਂ ਸਦਾ ਸਦਕੇ ਜਾਂਦਾ ਹਾਂ ॥੨॥੧੮॥
29303	675	ਰਾਗੁ ਧਨਾਸਰੀ ਮਹਲਾ ੫		Raag Dhhanaasaree Mehalaa 5	Raag Dhanaasaree, Fifth Mehl:	ਰਾਗ ਧਨਾਸਰੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
29304	675	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
29305	675	ਹਾ ਹਾ ਪ੍ਰਭ ਰਾਖਿ ਲੇਹੁ॥		Haa Haa Prabh Raakh Laehu ||	O God, please save me!	ਹੇ ਪ੍ਰਭੂ! ਸਾਨੂੰ ਬਚਾ ਲੈ, ਸਾਨੂੰ ਬਚਾ ਲੈ।
29306	675	ਹਮ ਤੇ ਕਿਛੂ ਨ ਹੋਇ ਮੇਰੇ ਸ੍ਵਾਮੀ ਕਰਿ ਕਿਰਪਾ ਅਪੁਨਾ ਨਾਮੁ ਦੇਹੁ॥੧॥ਰਹਾਉ॥		Ham Thae Kishhoo N Hoe Maerae Svaamee Kar Kirapaa Apunaa Naam Dhaehu ||1|| Rehaao ||	By myself, I cannot do anything, O my Lord and Master; by Your Grace, please bless me with Your Name. ||1||Pause||	ਹੇ ਮੇਰੇ ਮਾਲਕ! (ਇਹਨਾਂ ਵਿਕਾਰਾਂ ਤੋਂ ਬਚਣ ਲਈ) ਅਸਾਂ ਜੀਵਾਂ ਪਾਸੋਂ ਕੁਝ ਨਹੀਂ ਹੋ ਸਕਦਾ! ਮੇਹਰ ਕਰ, ਆਪਣਾ ਨਾਮ ਬਖ਼ਸ਼ ॥੧॥ ਰਹਾਉ ॥
29307	675	ਅਗਨਿ ਕੁਟੰਬ ਸਾਗਰ ਸੰਸਾਰ॥		Agan Kuttanb Saagar Sansaar ||	Family and worldly affairs are an ocean of fire.	ਹੇ ਪ੍ਰਭੂ! ਇਹ ਸੰਸਾਰ-ਸਮੁੰਦਰ ਪਰਵਾਰ (ਦੇ ਮੋਹ) ਦੀ ਅੱਗ (ਨਾਲ ਭਰਿਆ ਹੋਇਆ) ਹੈ।

29308	675	ਭਰਮ ਮੋਹਿ ਅਗਿਆਨ ਅੰਧਾਰ॥੧॥		Bharam Moh Agiaan Andhhaar ||1||	Through doubt, emotional attachment and ignorance, we are enveloped in darkness. ||1||	ਭਟਕਣਾ, ਮਾਇਆ ਦਾ ਮੋਹ, ਆਤਮਕ ਜੀਵਨ ਵਲੋਂ ਬੇ-ਸਮਝੀ-ਇਹ ਸਾਰੇ ਘੁੱਪ ਹਨੇਰੇ ਪਏ ਹੋਏ ਹਨ ॥੧॥
29309	675	ਊਚ ਨੀਚ ਸੂਖ ਦੂਖ॥		Ooch Neech Sookh Dhookh ||	High and low, pleasure and pain.	ਹੇ ਪ੍ਰਭੂ! ਦੁਨੀਆ ਦੇ ਸੁਖ ਮਿਲਣ ਤੇ ਜੀਵ ਨੂੰ ਅਹੰਕਾਰ ਪੈਦਾ ਹੋ ਜਾਂਦਾ ਹੈ, ਦੁੱਖ ਮਿਲਣ ਤੇ ਨਿੱਘਰੀ ਹੋਈ ਹਾਲਤ ਬਣ ਜਾਂਦੀ ਹੈ।
29310	675	ਧ੍ਰਾਪਸਿ ਨਾਹੀ ਤ੍ਰਿਸਨਾ ਭੂਖ॥੨॥		Dhhraapas Naahee Thrisanaa Bhookh ||2||	Hunger and thirst are not satisfied. ||2||	ਜੀਵ (ਮਾਇਆ ਵਲੋਂ ਕਿਸੇ ਵੇਲੇ) ਰੱਜਦਾ ਨਹੀਂ, ਇਸ ਨੂੰ ਮਾਇਆ ਦੀ ਤ੍ਰੇਹ ਮਾਇਆ ਦੀ ਭੁੱਖ ਚੰਬੜੀ ਰਹਿੰਦੀ ਹੈ ॥੨॥
29311	675	ਮਨਿ ਬਾਸਨਾ ਰਚਿ ਬਿਖੈ ਬਿਆਧਿ॥		Man Baasanaa Rach Bikhai Biaadhh ||	The mind is engrossed in passion, and the disease of corruption.	ਹੇ ਪ੍ਰਭੂ! ਜੀਵ ਆਪਣੇ ਮਨ ਵਿਚ ਵਾਸਨਾ ਖੜੀਆਂ ਕਰ ਕੇ ਵਿਸ਼ੇ-ਵਿਕਾਰਾਂ ਦੇ ਕਾਰਨ ਰੋਗ ਸਹੇੜ ਲੈਂਦਾ ਹੈ।
29312	675	ਪੰਚ ਦੂਤ ਸੰਗਿ ਮਹਾ ਅਸਾਧ॥੩॥		Panch Dhooth Sang Mehaa Asaadhh ||3||	The five thieves, the companions, are totally incorrigible. ||3||	ਇਹ ਵੱਡੇ ਆਕੀ (ਕਾਮਾਦਿਕ) ਪੰਜ ਵੈਰੀ ਇਸ ਦੇ ਨਾਲ ਚੰਬੜੇ ਰਹਿੰਦੇ ਹਨ ॥੩॥

29313	675	ਜੀਅ ਜਹਾਨੁ ਪ੍ਰਾਨ ਧਨੁ ਤੇਰਾ॥		Jeea Jehaan Praan Dhhan Thaeraa ||	The beings and souls and wealth of the world are all Yours.	(ਹੇ ਭਾਈ! ਉਸ ਦੇ ਅੱਗੇ ਅਰਦਾਸ ਕਰਿਆ ਕਰ-ਹੇ ਪ੍ਰਭੂ!) ਇਹ ਸਾਰੇ ਜੀਵ, ਇਹ ਜਗਤ, ਇਹ ਧਨ, ਜੀਵਾਂ ਦੇ ਪ੍ਰਾਣ-ਇਹ ਸਭ ਕੁਝ ਤੇਰਾ ਹੀ ਰਚਿਆ ਹੋਇਆ ਹੈ (ਤੂੰ ਹੀ ਵਿਕਾਰਾਂ ਤੋਂ ਬਚਾਣ ਦੇ ਸਮਰਥ ਹੈਂ)
29314	675	ਨਾਨਕ ਜਾਨੁ ਸਦਾ ਹਰਿ ਨੇਰਾ॥੪॥੧॥੧੯॥		Naanak Jaan Sadhaa Har Naeraa ||4||1||19||	O Nanak, know that the Lord is always near at hand. ||4||1||19||	ਹੇ ਨਾਨਕ! (ਜੇ ਇਹਨਾਂ ਵੈਰੀਆਂ ਤੋਂ ਬਚਣਾ ਹੈ, ਤਾਂ) ਪਰਮਾਤਮਾ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਸਮਝ ॥੪॥੧॥੧੯॥
29315	675	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29316	675	ਦੀਨ ਦਰਦ ਨਿਵਾਰਿ ਠਾਕੁਰ ਰਾਖੈ ਜਨ ਕੀ ਆਪਿ॥		Dheen Dharadh Nivaar Thaakur Raakhai Jan Kee Aap ||	The Lord and Master destroys the pain of the poor; He preserves and protects the honor of His servants.	ਹੇ ਭਾਈ! ਪਰਮਾਤਮਾ ਅਨਾਥਾਂ ਦੇ ਦੁੱਖ ਦੂਰ ਕਰ ਕੇ ਆਪਣੇ ਸੇਵਕਾਂ ਦੀ ਲਾਜ ਆਪ ਰੱਖਦਾ ਹੈ।
29317	675	ਤਰਣ ਤਾਰਣ ਹਰਿ ਨਿਧਿ ਦੂਖੁ ਨ ਸਕੈ ਬਿਆਪਿ॥੧॥		Tharan Thaaran Har Nidhh Dhookh N Sakai Biaap ||1||	The Lord is the ship to carry us across; He is the treasure of virtue - pain cannot touch Him. ||1||	ਉਹ ਪ੍ਰਭੂ (ਸੰਸਾਰ-ਸਮੁੰਦਰ ਤੋਂ ਪਾਰ) ਲੰਘਾਣ ਵਾਸਤੇ (ਮਾਨੋ) ਜਹਾਜ਼ ਹੈ, ਉਹ ਹਰੀ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ, (ਉਸ ਦੀ ਸਰਨ ਪਿਆਂ ਕੋਈ) ਦੁੱਖ ਪੋਹ ਨਹੀਂ ਸਕਦਾ ॥੧॥

29318	675	ਸਾਧੂਸੰਗਿ ਭਜਹੁ ਗੁਪਾਲ ॥		Saadhhoo Sang Bhajahu Gupaal ||	In the Saadh Sangat, the Company of the Holy, meditate, vibrate upon the Lord of the world.	ਹੇ ਭਾਈ! ਗੁਰੂ ਦੀ ਸੰਗਤਿ ਵਿਚ (ਰਹਿ ਕੇ) ਪਰਮਾਤਮਾ ਦਾ ਨਾਮ ਜਪਿਆ ਕਰ।
29319	675	ਆਨ ਸੰਜਮ ਕਿਛੁ ਨ ਸੂਝੈ ਇਹ ਜਤਨ ਕਾਟਿ ਕਲਿ ਕਾਲ॥ਰਹਾਉ॥		Aan Sanjam Kishh N Soojhai Eih Jathan Kaatt Kal Kaal || Rehaao ||	I cannot think of any other way; make this effort, and make it in this Dark Age of Kali Yuga. ||Pause||	ਇਹਨਾਂ ਜਤਨਾਂ ਨਾਲ ਹੀ ਸੰਸਾਰ ਦੇ ਝੰਬੇਲਿਆਂ ਦੀ ਫਾਹੀ ਕੱਟ। (ਮੈਨੂੰ ਇਸ ਤੋਂ ਬਿਨਾ) ਹੋਰ ਕੋਈ ਜੁਗਤਿ ਨਹੀਂ ਸੁੱਝਦੀ ਰਹਾਉ॥
29320	675	ਆਦਿ ਅੰਤਿ ਦਇਆਲ ਪੂਰਨ ਤਿਸੁ ਬਿਨਾ ਨਹੀ ਕੋਇ॥		Aadh Anth Dhaeiaal Pooran This Binaa Nehee Koe ||	In the beginning, and in the end, there is none other than the perfect, merciful Lord.	ਹੇ ਭਾਈ! ਜੇਹੜਾ ਦਇਆ-ਦਾ-ਘਰ ਸਰਬ-ਵਿਆਪਕ ਪ੍ਰਭੂ ਸਦਾ ਹੀ (ਜੀਵਾਂ ਦੇ ਸਿਰ ਉਤੇ ਰਾਖਾ) ਹੈ ਤੇ ਉਸ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ।
29321	675	ਜਨਮ ਮਰਣ ਨਿਵਾਰਿ ਹਰਿ ਜਪਿ ਸਿਮਰਿ ਸੁਆਮੀ ਸੋਇ॥੨॥		Janam Maran Nivaar Har Jap Simar Suaamee Soe ||2||	The cycle of birth and death is ended, chanting the Lord's Name, and remembering the Lord Master in meditation. ||2||	ਉਸੇ ਮਾਲਕ ਦਾ ਨਾਮ ਸਦਾ ਸਿਮਰਿਆ ਕਰ, ਉਸੇ ਹਰੀ ਦਾ ਨਾਮ ਜਪ ਕੇ ਆਪਣਾ ਜਨਮ-ਮਰਨ ਦਾ ਗੇੜ ਦੂਰ ਕਰ ॥੨॥

29322	675	ਬੇਦ ਸਿੰਮ੍ਰਿਤਿ ਕਥੈ ਸਾਸਤ ਭਗਤ ਕਰਹਿ ਬੀਚਾਰੁ॥	ਸਿੰਮ-ਰ੍ਿਤਿ	Baedh Sinmrith Kathhai Saasath Bhagath Karehi Beechaar ||	The Vedas, the Simritees, the Shaastras and the Lord's devotees contemplate Him;	ਹੇ ਭਾਈ! ਵੇਦ ਸਿੰਮ੍ਰਿਤੀ ਸ਼ਾਸਤਰ (ਹਰੇਕ ਧਰਮ ਪੁਸਤਕ ਜਿਸ ਪਰਮਾਤਮਾ ਦਾ) ਜ਼ਿਕਰ ਕਰਦਾ ਹੈ, ਭਗਤ ਜਨ (ਭੀ ਜਿਸ ਪਰਮਾਤਮਾ ਦੇ ਗੁਣਾਂ ਦਾ) ਵਿਚਾਰ ਕਰਦੇ ਹਨ,
29323	675	ਮੁਕਤਿ ਪਾਈਐ ਸਾਧਸੰਗਤਿ ਬਿਨਸਿ ਜਾਇ ਅੰਧਾਰੁ॥੩॥		Mukath Paaeeai Saadhhasangath Binas Jaae Andhhaar ||3||	Liberation is attained in the Saadh Sangat, the Company of the Holy, and the darkness of ignorance is dispelled. ||3||	ਸਾਧ ਸੰਗਤਿ ਵਿਚ (ਉਸ ਦਾ ਨਾਮ ਸਿਮਰ ਕੇ ਜਗਤ ਦੇ ਝੰਬੇਲਿਆਂ ਤੋਂ) ਖ਼ਲਾਸੀ ਮਿਲਦੀ ਹੈ, (ਮਾਇਆ ਦੇ ਮੋਹ ਦਾ) ਹਨੇਰਾ ਦੂਰ ਹੋ ਜਾਂਦਾ ਹੈ ॥੩॥
29324	675	ਚਰਨਕਮਲ ਅਧਾਰੁ ਜਨ ਕਾ ਰਾਸਿ ਪੂੰਜੀ ਏਕ॥		Charan Kamal Adhhaar Jan Kaa Raas Poonjee Eaek ||	The lotus feet of the Lord are the support of His humble servants. They are his only capital and investment.	(ਹੇ ਭਾਈ!) ਪਰਮਾਤਮਾ ਦੇ ਸੋਹਣੇ ਚਰਨ ਹੀ ਭਗਤਾਂ (ਦੇ ਆਤਮਕ ਜੀਵਨ) ਦਾ ਸਰਮਾਇਆ ਹੈ।
29325	676	ਤਾਣੁ ਮਾਣੁ ਦੀਬਾਣੁ ਸਾਚਾ ਨਾਨਕ ਕੀ ਪ੍ਰਭ ਟੇਕ॥੪॥੨॥੨੦॥		Thaan Maan Dheebaan Saachaa Naanak Kee Prabh Ttaek ||4||2||20||	The True Lord is Nanak's strength, honor and support; He alone is his protection. ||4||2||20||	ਹੇ ਨਾਨਕ! (ਆਖ-) ਪਰਮਾਤਮਾ ਦੀ ਓਟ ਹੀ ਉਹਨਾਂ ਦਾ ਬਲ ਹੈ, ਸਹਾਰਾ ਹੈ, ਸਦਾ ਕਾਇਮ ਰਹਿਣ ਵਾਲਾ ਆਸਰਾ ਹੈ ॥੪॥੨॥੨੦॥
29326	676	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29327	676	ਫਿਰਤ ਫਿਰਤ ਭੇਟੇ ਜਨ ਸਾਧੂ ਪੂਰੈ ਗੁਰਿ ਸਮਝਾਇਆ॥		Firath Firath Bhaettae Jan Saadhhoo Poorai Gur Samajhaaeiaa ||	Wandering and roaming around, I met the Holy Perfect Guru, who has taught me.	ਹੇ ਭਾਈ! ਭਾਲ ਕਰਦਿਆਂ ਕਰਦਿਆਂ ਜਦੋਂ ਮੈਂ ਗੁਰੂ ਮਹਾ ਪੁਰਖ ਨੂੰ ਮਿਲਿਆ, ਤਾਂ ਪੂਰੇ ਗੁਰੂ ਨੇ (ਮੈਨੂੰ) ਇਹ ਸਮਝ ਬਖ਼ਸ਼ੀ,
29328	676	ਆਨ ਸਗਲ ਬਿਧਿ ਕਾਂਮਿ ਨ ਆਵੈ ਹਰਿ ਹਰਿ ਨਾਮੁ ਧਿਆਇਆ॥੧॥		Aan Sagal Bidhh Kaanm N Aavai Har Har Naam Dhhiaaeiaa ||1||	All other devices did not work, so I meditate on the Name of the Lord, Har, Har. ||1||	ਕਿ (ਮਾਇਆ ਦੇ ਮੋਹ ਤੋਂ ਬਚਣ ਲਈ) ਹੋਰ ਸਾਰੀਆਂ ਜੁਗਤੀਆਂ ਵਿਚੋਂ ਕੋਈ ਇੱਕ ਜੁਗਤਿ ਭੀ ਕੰਮ ਨਹੀਂ ਆਉਂਦੀ। ਪਰਮਾਤਮਾ ਦਾ ਨਾਮ ਸਿਮਰਿਆ ਹੋਇਆ ਹੀ ਕੰਮ ਆਉਂਦਾ ਹੈ ॥੧॥
29329	676	ਤਾ ਤੇ ਮੋਹਿ ਧਾਰੀ ਓਟ ਗੋਪਾਲ॥		Thaa Thae Mohi Dhhaaree Outt Gopaal ||	For this reason, I sought the Protection and Support of my Lord, the Cherisher of the Universe.	ਇਸ ਵਾਸਤੇ, ਹੇ ਭਾਈ! ਮੈਂ ਪਰਮਾਤਮਾ ਦਾ ਆਸਰਾ ਲੈ ਲਿਆ।
29330	676	ਸਰਨਿ ਪਰਿਓ ਪੂਰਨ ਪਰਮੇਸੁਰ ਬਿਨਸੇ ਸਗਲ ਜੰਜਾਲ॥ਰਹਾਉ॥		Saran Pariou Pooran Paramaesur Binasae Sagal Janjaal || Rehaao ||	I sought the Sanctuary of the Perfect Transcendent Lord, and all my entanglements were dissolved. ||Pause||	(ਜਦੋਂ ਮੈਂ) ਸਰਬ-ਵਿਆਪਕ ਪਰਮਾਤਮਾ ਦੀ ਸਰਨ ਪਿਆ, ਤਾਂ ਮੇਰੇ ਸਾਰੇ (ਮਾਇਆ ਦੇ) ਜੰਜਾਲ ਨਾਸ ਹੋ ਗਏ ਰਹਾਉ॥

29331	676	ਸੁਰਗ ਮਿਰਤ ਪਇਆਲ ਭੂ ਮੰਡਲ ਸਗਲ ਬਿਆਪੇ ਮਾਇ॥	ਪ-ਇਆਲ	Surag Mirath Paeiaal Bhoo Manddal Sagal Biaapae Maae ||	Paradise, the earth, the nether regions of the underworld, and the globe of the world - all are engrossed in Maya.	ਹੇ ਭਾਈ! ਦੇਵ ਲੋਕ, ਮਾਤ-ਲੋਕ, ਪਾਤਾਲ-ਸਾਰੀ ਹੀ ਸ੍ਰਿਸ਼ਟੀ ਮਾਇਆ (ਦੇ ਮੋਹ) ਵਿਚ ਫਸੀ ਹੋਈ ਹੈ।
29332	676	ਜੀਅ ਉਧਾਰਨ ਸਭ ਕੁਲ ਤਾਰਨ ਹਰਿ ਹਰਿ ਨਾਮੁ ਧਿਆਇ॥੨॥		Jeea Oudhhaaran Sabh Kul Thaaran Har Har Naam Dhhiaae ||2||	To save your soul, and liberate all your ancestors, meditate on the Name of the Lord, Har, Har. ||2||	ਹੇ ਭਾਈ! ਸਦਾ ਪਰਮਾਤਮਾ ਦਾ ਨਾਮ ਸਿਮਰਿਆ ਕਰ, ਇਹੀ ਹੈ ਜਿੰਦ ਨੂੰ (ਮਾਇਆ ਦੇ ਮੋਹ ਵਿਚੋਂ) ਬਚਾਣ ਵਾਲਾ, ਇਹੀ ਹੈ ਸਾਰੀਆਂ ਕੁਲਾਂ ਨੂੰ ਤਾਰਨ ਵਾਲਾ ॥੨॥
29333	676	ਨਾਨਕ ਨਾਮੁ ਨਿਰੰਜਨੁ ਗਾਈਐ ਪਾਈਐ ਸਰਬ ਨਿਧਾਨਾ॥		Naanak Naam Niranjan Gaaeeai Paaeeai Sarab Nidhhaanaa ||	O Nanak, singing the Naam, the Name of the Immaculate Lord, all treasures are obtained.	ਹੇ ਨਾਨਕ! ਮਾਇਆ ਤੋਂ ਨਿਰਲੇਪ ਪਰਮਾਤਮਾ ਦਾ ਨਾਮ ਗਾਣਾ ਚਾਹੀਦਾ ਹੈ, (ਨਾਮ ਦੀ ਬਰਕਤਿ ਨਾਲ) ਸਾਰੇ ਖ਼ਜ਼ਾਨਿਆਂ ਦੀ ਪ੍ਰਾਪਤੀ ਹੋ ਜਾਂਦੀ ਹੈ,
29334	676	ਕਰਿ ਕਿਰਪਾ ਜਿਸੁ ਦੇਇ ਸੁਆਮੀ ਬਿਰਲੇ ਕਾਹੂ ਜਾਨਾ॥੩॥੩॥੨੧॥		Kar Kirapaa Jis Dhaee Suaamee Biralae Kaahoo Jaanaa ||3||3||21||	Only that rare person, whom the Lord and Master blesses with His Grace, comes to know this. ||3||3||21||	ਪਰ (ਇਹ ਭੇਤ) ਕਿਸੇ (ਉਸ) ਵਿਰਲੇ ਮਨੁੱਖ ਨੇ ਸਮਝਿਆ ਹੈ ਜਿਸ ਨੂੰ ਮਾਲਕ-ਪ੍ਰਭੂ ਆਪ ਮੇਹਰ ਕਰ ਕੇ (ਨਾਮ ਦੀ ਦਾਤਿ) ਦੇਂਦਾ ਹੈ ॥੩॥੩॥੨੧॥

29335	676	ਧਨਾਸਰੀ ਮਹਲਾ ੫ ਘਰੁ ੨ ਚਉਪਦੇ		Dhhanaasaree Mehalaa 5 Ghar 2 Choupadhae	Dhanaasaree, Fifth Mehl, Second House, Chau-Padas:	ਰਾਗ ਧਨਾਸਰੀ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
29336	676	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
29337	676	ਛੋਡਿ ਜਾਹਿ ਸੇ ਕਰਹਿ ਪਰਾਲ॥	(ਪਰਾਲ) ਪਰਾਲ਼ੀ ਵਾਂਗ ਬਿਅਰਥ। ਚਉ-ਪਦੇ	Shhodd Jaahi Sae Karehi Paraal ||	You shall have to abandon the straw which you have collected.	ਹੇ ਭਾਈ! ਮਾਇਆ-ਵੇੜ੍ਹੇ ਜੀਵ ਉਹੀ ਨਿਕੰਮੇ ਕੰਮ ਕਰਦੇ ਰਹਿੰਦੇ ਹਨ, ਜਿਨ੍ਹਾਂ ਨੂੰ ਆਖ਼ਰ ਛੱਡ ਕੇ ਇਥੋਂ ਚਲੇ ਜਾਂਦੇ ਹਨ।
29338	676	ਕਾਮਿ ਨ ਆਵਹਿ ਸੇ ਜੰਜਾਲ॥		Kaam N Aavehi Sae Janjaal ||	These entanglements shall be of no use to you.	ਉਹੀ ਜੰਜਾਲ ਸਹੇੜੀ ਰੱਖਦੇ ਹਨ, ਜੇਹੜੇ ਇਹਨਾਂ ਦੇ ਕਿਸੇ ਕੰਮ ਨਹੀਂ ਆਉਂਦੇ।
29339	676	ਸੰਗਿ ਨ ਚਾਲਹਿ ਤਿਨ ਸਿਉ ਹੀਤ॥		Sang N Chaalehi Thin Sio Heeth ||	You are in love with those things that will not go with you.	ਉਹਨਾਂ ਨਾਲ ਮੋਹ-ਪਿਆਰ ਬਣਾਈ ਰੱਖਦੇ ਹਨ, ਜੇਹੜੇ (ਅੰਤ ਵੇਲੇ) ਨਾਲ ਨਹੀਂ ਜਾਂਦੇ।
29340	676	ਜੋ ਬੈਰਾਈ ਸੇਈ ਮੀਤ॥੧॥		Jo Bairaaee Saeee Meeth ||1||	You think that your enemies are friends. ||1||	ਉਹਨਾਂ (ਵਿਕਾਰਾਂ) ਨੂੰ ਮਿੱਤਰ ਸਮਝਦੇ ਰਹਿੰਦੇ ਹਨ ਜੋ (ਅਸਲ ਵਿਚ ਆਤਮਕ ਜੀਵਨ ਦੇ) ਵੈਰੀ ਹਨ ॥੧॥
29341	676	ਐਸੇ ਭਰਮਿ ਭੁਲੇ ਸੰਸਾਰਾ॥		Aisae Bharam Bhulae Sansaaraa ||	In such confusion, the world has gone astray.	ਹੇ ਭਾਈ! ਮੂਰਖ ਜਗਤ (ਮਾਇਆ ਦੀ) ਭਟਕਣਾ ਵਿਚ ਪੈ ਕੇ ਅਜੇ ਕੁਰਾਹੇ ਪਿਆ ਹੋਇਆ ਹੈ,
29342	676	ਜਨਮੁ ਪਦਾਰਥੁ ਖੋਇ ਗਵਾਰਾ॥ਰਹਾਉ॥		Janam Padhaarathh Khoe Gavaaraa || Rehaao ||	The foolish mortal wastes this precious human life. ||Pause||	(ਕਿ ਆਪਣਾ) ਕੀਮਤੀ ਮਨੁੱਖਾ ਜਨਮ ਗਵਾ ਰਿਹਾ ਹੈ ਰਹਾਉ॥

29343	676	ਸਾਚੁ ਧਰਮੁ ਨਹੀ ਭਾਵੈ ਡੀਠਾ॥		Saach Dhharam Nehee Bhaavai Ddeethaa ||	He does not like to see Truth and righteousness.	ਹੇ ਭਾਈ! (ਮਾਇਆ-ਵੇੜ੍ਹੇ ਮੂਰਖ ਮਨੁੱਖ ਨੂੰ) ਸਦਾ-ਥਿਰ ਹਰਿ-ਨਾਮ ਸਿਮਰਨ (ਵਾਲਾ) ਧਰਮ ਅੱਖੀਂ ਵੇਖਿਆ ਨਹੀਂ ਭਾਉਂਦਾ।
29344	676	ਝੂਠ ਧੋਹ ਸਿਉ ਰਚਿਓ ਮੀਠਾ॥		Jhooth Dhhoh Sio Rachiou Meethaa ||	He is attached to falsehood and deception; they seem sweet to him.	ਝੂਠ ਨੂੰ ਠੱਗੀ ਨੂੰ ਮਿੱਠਾ ਜਾਣ ਕੇ ਇਹਨਾਂ ਨਾਲ ਮਸਤ ਰਹਿੰਦਾ ਹੈ।
29345	676	ਦਾਤਿ ਪਿਆਰੀ ਵਿਸਰਿਆ ਦਾਤਾਰਾ॥		Dhaath Piaaree Visariaa Dhaathaaraa ||	He loves gifts, but he forgets the Giver.	ਦਾਤਾਰ-ਪ੍ਰਭੂ ਨੂੰ ਭੁਲਾਈ ਰੱਖਦਾ ਹੈ, ਉਸ ਦੀ ਦਿੱਤੀ ਹੋਈ ਦਾਤਿ ਇਸ ਨੂੰ ਪਿਆਰੀ ਲੱਗਦੀ ਹੈ।
29346	676	ਜਾਣੈ ਨਾਹੀ ਮਰਣੁ ਵਿਚਾਰਾ॥੨॥		Jaanai Naahee Maran Vichaaraa ||2||	The wretched creature does not even think of death. ||2||	(ਮੋਹ ਵਿਚ) ਬੇਬਸ ਹੋਇਆ ਜੀਵ ਆਪਣੀ ਮੌਤ ਨੂੰ ਚੇਤੇ ਨਹੀਂ ਕਰਦਾ ॥੨॥
29347	676	ਵਸਤੁ ਪਰਾਈ ਕਉ ਉਠਿ ਰੋਵੈ॥		Vasath Paraaee Ko Outh Rovai ||	He cries for the possessions of others.	ਹੇ ਭਾਈ! (ਭਟਕਣਾ ਵਿਚ ਪਿਆ ਹੋਇਆ ਜੀਵ) ਉਸ ਚੀਜ਼ ਲਈ ਦੌੜ ਦੌੜ ਤਰਲੇ ਲੈਂਦਾ ਹੈ ਜੋ ਆਖ਼ਰ ਬਿਗਾਨੀ ਹੋ ਜਾਣੀ ਹੈ।
29348	676	ਕਰਮ ਧਰਮ ਸਗਲਾ ਈ ਖੋਵੈ॥	(ਈ) ਹੀ	Karam Dhharam Sagalaa Ee Khovai ||	He forfeits all the merits of his good deeds and religion.	ਆਪਣਾ ਇਨਸਾਨੀ ਫ਼ਰਜ਼ ਸਾਰਾ ਹੀ ਭੁਲਾ ਦੇਂਦਾ ਹੈ।

29349	676	ਹੁਕਮੁ ਨ ਬੂਝੈ ਆਵਣ ਜਾਣੇ ॥		Hukam N Boojhai Aavan Jaanae ||	He does not understand the Hukam of the Lord's Command, and so he continues coming and going in reincarnation.	ਮਨੁੱਖ ਪਰਮਾਤਮਾ ਦੀ ਰਜ਼ਾ ਨੂੰ ਨਹੀਂ ਸਮਝਦਾ (ਜਿਸ ਕਰਕੇ ਇਸ ਦੇ ਵਾਸਤੇ) ਜਨਮ ਮਰਨ ਦੇ ਗੇੜ (ਬਣੇ ਰਹਿੰਦੇ ਹਨ)।
29350	676	ਪਾਪ ਕਰੈ ਤਾ ਪਛੋਤਾਣੇ॥੩॥		Paap Karai Thaa Pashhothaanae ||3||	He sins, and then regrets and repents. ||3||	ਨਿੱਤ ਪਾਪ ਕਰਦਾ ਰਹਿੰਦਾ ਹੈ, ਆਖ਼ਰ ਪਛੁਤਾਂਦਾ ਹੈ ॥੩॥
29351	676	ਜੋ ਤੁਧੁ ਭਾਵੈ ਸੋ ਪਰਵਾਣੁ॥		Jo Thudhh Bhaavai So Paravaan ||	Whatever pleases You, Lord, that alone is acceptable.	(ਪਰ, ਹੇ ਪ੍ਰਭੂ! ਜੀਵਾਂ ਦੇ ਕੀਹ ਵੱਸ?) ਜੋ ਤੈਨੂੰ ਚੰਗਾ ਲੱਗਦਾ ਹੈ, ਉਹੀ ਅਸਾਂ ਜੀਵਾਂ ਨੂੰ ਕਬੂਲ ਹੁੰਦਾ ਹੈ।
29352	676	ਤੇਰੇ ਭਾਣੇ ਨੋ ਕੁਰਬਾਣੁ॥		Thaerae Bhaanae No Kurabaan ||	I am a sacrifice to Your Will.	ਹੇ ਪ੍ਰਭੂ! ਮੈਂ ਤੇਰੀ ਮਰਜ਼ੀ ਤੋਂ ਸਦਕੇ ਹਾਂ।
29353	676	ਨਾਨਕੁ ਗਰੀਬੁ ਬੰਦਾ ਜਨੁ ਤੇਰਾ॥		Naanak Gareeb Bandhaa Jan Thaeraa ||	Poor Nanak is Your slave, Your humble servant.	ਗਰੀਬ ਨਾਨਕ ਤੇਰਾ ਦਾਸ ਹੈ ਤੇਰਾ ਗ਼ੁਲਾਮ ਹੈ।
29354	676	ਰਾਖਿ ਲੇਇ ਸਾਹਿਬੁ ਪ੍ਰਭੁ ਮੇਰਾ॥੪॥੧॥੨੨॥		Raakh Laee Saahib Prabh Maeraa ||4||1||22||	Save me, O my Lord God Master! ||4||1||22||	ਹੇ ਭਾਈ! ਮੇਰਾ ਮਾਲਕ-ਪ੍ਰਭੂ (ਆਪਣੇ ਦਾਸ ਦੀ ਲਾਜ ਆਪ) ਰੱਖ ਲੈਂਦਾ ਹੈ ॥੪॥੧॥੨੨॥
29355	676	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29356	676	ਮੋਹਿ ਮਸਕੀਨ ਪ੍ਰਭੁ ਨਾਮੁ ਅਧਾਰੁ॥	ਅਤਿਅੰਤ ਹੀ (ਮਸਕੀਨ) ਗ੍ਰੀਬ	Mohi Masakeen Prabh Naam Adhhaar ||	I am meek and poor; the Name of God is my only Support.	ਹੇ ਭਾਈ! ਮੈਨੂੰ ਆਜਿਜ਼ ਨੂੰ ਪਰਮਾਤਮਾ ਦਾ ਨਾਮ (ਹੀ) ਆਸਰਾ ਹੈ,
29357	676	ਖਾਟਣ ਕਉ ਹਰਿ ਹਰਿ ਰੋਜਗਾਰੁ॥		Khaattan Ko Har Har Rojagaar ||	The Name of the Lord, Har, Har, is my occupation and earnings.	ਮੇਰੇ ਵਾਸਤੇ ਖੱਟਣ ਕਮਾਣ ਲਈ ਪਰਮਾਤਮਾ ਦਾ ਨਾਮ ਹੀ ਰੋਜ਼ੀ ਹੈ।
29358	676	ਸੰਚਣ ਕਉ ਹਰਿ ਏਕੋ ਨਾਮੁ॥		Sanchan Ko Har Eaeko Naam ||	I gather only the Lord's Name.	ਮੇਰੇ ਵਾਸਤੇ ਇਕੱਠਾ ਕਰਨ ਲਈ (ਭੀ) ਪਰਮਾਤਮਾ ਦਾ ਨਾਮ ਹੀ ਹੈ।
29359	676	ਹਲਤਿ ਪਲਤਿ ਤਾ ਕੈ ਆਵੈ ਕਾਮ॥੧॥		Halath Palath Thaa Kai Aavai Kaam ||1||	It is useful in both this world and the next. ||1||	(ਜੇਹੜਾ ਮਨੁੱਖ ਹਰਿ-ਨਾਮ-ਧਨ ਇਕੱਠਾ ਕਰਦਾ ਹੈ) ਇਸ ਲੋਕ ਤੇ ਪਰਲੋਕ ਵਿਚ ਉਸ ਦੇ ਕੰਮ ਆਉਂਦਾ ਹੈ ॥੧॥
29360	676	ਨਾਮਿ ਰਤੇ ਪ੍ਰਭ ਰੰਗਿ ਅਪਾਰ॥		Naam Rathae Prabh Rang Apaar ||	Imbued with the Love of the Lord God's Infinite Name,	ਹੇ ਭਾਈ! ਪਰਮਾਤਮਾ ਦੇ ਨਾਮ ਵਿਚ ਮਸਤ ਹੋ ਕੇ, ਸੰਤ ਜਨ ਬੇਅੰਤ ਪ੍ਰਭੂ ਦੇ ਪ੍ਰੇਮ ਵਿਚ ਜੁੜ ਕੇ-
29361	676	ਸਾਧ ਗਾਵਹਿ ਗੁਣ ਏਕ ਨਿਰੰਕਾਰ॥ਰਹਾਉ॥		Saadhh Gaavehi Gun Eaek Nirankaar || Rehaao ||	The Holy Saints sing the Glorious Praises of the One Lord, the Formless Lord. ||Pause||	ਇੱਕ ਨਿਰੰਕਾਰ ਦੇ ਗੁਣ ਗਾਂਦੇ ਰਹਿੰਦੇ ਹਨ ਰਹਾਉ॥
29362	676	ਸਾਧ ਕੀ ਸੋਭਾ ਅਤਿ ਮਸਕੀਨੀ॥		Saadhh Kee Sobhaa Ath Masakeenee ||	The Glory of the Holy Saints comes from their total humility.	ਹੇ ਭਾਈ! ਬਹੁਤ ਨਿਮ੍ਰਤਾ-ਸੁਭਾਉ ਸੰਤ ਦੀ ਸੋਭਾ (ਦਾ ਮੂਲ) ਹੈ,

29363	676	ਸੰਤ ਵਡਾਈ ਹਰਿ ਜਸੁ ਚੀਨੀ॥	(ਚੀਨੀ) ਜਾਣੀ	Santh Vaddaaee Har Jas Cheenee ||	The Saints realize that their greatness rests in the Praises of the Lord.	ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਹੀ ਸੰਤ ਦੀ ਵਡਿਆਈ (ਦਾ ਕਾਰਨ) ਹੈ।
29364	676	ਅਨਦੁ ਸੰਤਨ ਕੈ ਭਗਤਿ ਗੋਵਿੰਦ॥		Anadh Santhan Kai Bhagath Govindh ||	Meditating on the Lord of the Universe, the Saints are in bliss.	ਪਰਮਾਤਮਾ ਦੀ ਭਗਤੀ ਸੰਤ ਜਨਾਂ ਦੇ ਹਿਰਦੇ ਵਿਚ ਆਨੰਦ ਪੈਦਾ ਕਰਦੀ ਹੈ।
29365	676	ਸੂਖੁ ਸੰਤਨ ਕੈ ਬਿਨਸੀ ਚਿੰਦ॥੨॥	(ਚਿੰਦ) ਚਿੰਤਾ	Sookh Santhan Kai Binasee Chindh ||2||	The Saints find peace, and their anxieties are dispelled. ||2||	(ਭਗਤੀ ਦੀ ਬਰਕਤਿ ਨਾਲ) ਸੰਤ ਜਨਾਂ ਦੇ ਹਿਰਦੇ ਵਿਚ ਸੁਖ ਬਣਿਆ ਰਹਿੰਦਾ ਹੈ (ਉਹਨਾਂ ਦੇ ਅੰਦਰੋਂ) ਚਿੰਤਾ ਨਾਸ ਹੋ ਜਾਂਦੀ ਹੈ ॥੨॥
29366	676	ਜਹ ਸਾਧ ਸੰਤਨ ਹੋਵਹਿ ਇਕਤ੍ਰ॥	ਇ-ਕੱਤ੍ਰ	Jeh Saadhh Santhan Hovehi Eikathr ||	Wherever the Holy Saints gather,	ਹੇ ਭਾਈ! ਸਾਧ ਸੰਤ ਜਿੱਥੇ (ਭੀ) ਇਕੱਠੇ ਹੁੰਦੇ ਹਨ,
29367	676	ਤਹ ਹਰਿ ਜਸੁ ਗਾਵਹਿ ਨਾਦ ਕਵਿਤ॥	ਕਵਿ-ਤ:ਪੋਲਾ ਬੋਲੋ	Theh Har Jas Gaavehi Naadh Kavith ||	There they sing the Praises of the Lord, in music and poetry.	ਉਥੇ ਉਹ ਸਾਜ ਵਰਤ ਕੇ ਬਾਣੀ ਪੜ੍ਹ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ (ਹੀ) ਗਾਂਦੇ ਹਨ।
29368	676	ਸਾਧ ਸਭਾ ਮਹਿ ਅਨਦ ਬਿਸ੍ਰਾਮ॥		Saadhh Sabhaa Mehi Anadh Bisraam ||	In the Society of the Saints, there is bliss and peace.	ਹੇ ਭਾਈ! ਸੰਤਾਂ ਦੀ ਸੰਗਤਿ ਵਿਚ ਬੈਠਿਆਂ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ਸ਼ਾਂਤੀ ਹਾਸਲ ਹੁੰਦੀ ਹੈ।
29369	676	ਉਨ ਸੰਗੁ ਸੋ ਪਾਏ ਜਿਸੁ ਮਸਤਕਿ ਕਰਾਮ॥੩॥		Oun Sang So Paaeae Jis Masathak Karaam ||3||	They alone obtain this Society, upon whose foreheads such destiny is written. ||3||	ਪਰ, ਉਹਨਾਂ ਦੀ ਸੰਗਤਿ ਉਹੀ ਮਨੁੱਖ ਪ੍ਰਾਪਤ ਕਰਦਾ ਹੈ ਜਿਸ ਦੇ ਮੱਥੇ ਉੱਤੇ ਬਖ਼ਸ਼ਸ਼ (ਦਾ ਲੇਖ ਲਿਖਿਆ ਹੋਵੇ) ॥੩॥

29370	676	ਦੁਇ ਕਰ ਜੋੜਿ ਕਰੀ ਅਰਦਾਸਿ॥		Dhue Kar Jorr Karee Aradhaas ||	With my palms pressed together, I offer my prayer.	ਹੇ ਭਾਈ! ਮੈਂ ਆਪਣੇ ਦੋਵੇਂ ਹੱਥ ਜੋੜ ਕੇ ਅਰਦਾਸ ਕਰਦਾ ਹਾਂ,
29371	676	ਚਰਨ ਪਖਾਰਿ ਕਹਾਂ ਗੁਣਤਾਸ॥		Charan Pakhaar Kehaan Gunathaas ||	I wash their feet, and chant the Praises of the Lord, the treasure of virtue.	ਕਿ ਮੈਂ ਸੰਤ ਜਨਾਂ ਦੇ ਚਰਨ ਧੋ ਕੇ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦਾ ਨਾਮ ਉਚਾਰਦਾ ਰਹਾਂ।
29372	676	ਪ੍ਰਭ ਦਇਆਲ ਕਿਰਪਾਲ ਹਜੂਰਿ॥		Prabh Dhaeiaal Kirapaal Hajoor ||	O God, merciful and compassionate, let me remain in Your Presence.	ਹੇ ਭਾਈ! ਜੇਹੜੇ ਦਇਆਲ ਕਿਰਪਾਲ ਪ੍ਰਭੂ ਦੀ ਹਜ਼ੂਰੀ ਵਿਚ (ਸਦਾ ਟਿਕੇ ਰਹਿੰਦੇ ਹਨ)
29373	676	ਨਾਨਕੁ ਜੀਵੈ ਸੰਤਾ ਧੂਰਿ॥੪॥੨॥੨੩॥		Naanak Jeevai Santhaa Dhhoor ||4||2||23||	Nanak lives, in the dust of the Saints. ||4||2||23||	ਨਾਨਕ ਉਹਨਾਂ ਸੰਤ ਜਨਾਂ ਦੇ ਚਰਨਾਂ ਦੀ ਧੂੜ ਤੋਂ ਆਤਮਕ ਜੀਵਨ ਪ੍ਰਾਪਤ ਕਰਦਾ ਹੈ ॥੪॥੨॥੨੩॥
29374	677	ਧਨਾਸਰੀ ਮਃ ੫॥		Dhhanaasaree Ma 5 ||	Dhanaasaree, Fifth Mehl:	
29375	677	ਸੋ ਕਤ ਡਰੈ ਜਿ ਖਸਮੁ ਸਮ੍ਹਾਰੈ॥		So Kath Ddarai J Khasam Samhaarai ||	One who contemplates his Lord and Master - why should he be afraid?	ਹੇ ਭਾਈ! ਜੇਹੜਾ ਮਨੁੱਖ ਖਸਮ-ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ, ਉਹ ਕਿਤੇ ਭੀ ਨਹੀਂ ਡਰਦਾ।
29376	677	ਡਰਿ ਡਰਿ ਪਚੇ ਮਨਮੁਖ ਵੇਚਾਰੇ॥੧॥ਰਹਾਉ॥		Ddar Ddar Pachae Manamukh Vaechaarae ||1|| Rehaao ||	The wretched self-willed manmukhs are ruined through fear and dread. ||1||Pause||	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਨਿਮਾਣੇ (ਮੌਤ ਆਦਿਕ ਤੋਂ ਡਰ ਕੇ) ਡਰ ਡਰ ਕੇ ਖ਼ੁਆਰ ਹੁੰਦੇ ਰਹਿੰਦੇ ਹਨ ॥੧॥ ਰਹਾਉ ॥

29377	677	ਸਿਰ ਊਪਰਿ ਮਾਤ ਪਿਤਾ ਗੁਰਦੇਵ॥		Sir Oopar Maath Pithaa Guradhaev ||	The Divine Guru, my mother and father, is over my head.	ਹੇ ਭਾਈ! ਜੇਹੜਾ ਮਨੁੱਖ ਆਪਣੇ ਸਿਰ ਉਤੇ ਪ੍ਰਕਾਸ਼-ਰੂਪ ਉਸ ਪ੍ਰਭੂ ਨੂੰ ਮਾਤਾ ਪਿਤਾ ਵਾਂਗ (ਰਾਖਾ ਸਮਝਦਾ ਹੈ),
29378	677	ਸਫਲ ਮੂਰਤਿ ਜਾ ਕੀ ਨਿਰਮਲ ਸੇਵ॥		Safal Moorath Jaa Kee Niramal Saev ||	His image brings prosperity; serving Him, we become pure.	ਜਿਸ ਪਰਮਾਤਮਾ ਦਾ ਦਰਸਨ ਕੀਤਿਆਂ ਸਾਰੇ ਫਲ ਪ੍ਰਾਪਤ ਹੁੰਦੇ ਹਨ,
29379	677	ਏਕੁ ਨਿਰੰਜਨੁ ਜਾ ਕੀ ਰਾਸਿ॥		Eaek Niranjan Jaa Kee Raas ||	The One Lord, the Immaculate Lord, is our capital.	ਮਾਇਆ ਤੋਂ ਨਿਰਲੇਪ ਪ੍ਰਭੂ ਦਾ ਨਾਮ ਹੀ ਉਸ ਮਨੁੱਖ (ਦੇ ਆਤਮਕ ਜੀਵਨ) ਦਾ ਸਰਮਾਇਆ ਬਣ ਜਾਂਦਾ ਹੈ।
29380	677	ਮਿਲਿ ਸਾਧਸੰਗਤਿ ਹੋਵਤ ਪਰਗਾਸ॥੧॥		Mil Saadhhasangath Hovath Paragaas ||1||	Joining the Saadh Sangat, the Company of the Holy, we are illumined and enlightened. ||1||	ਉਸ ਦੀ ਸੇਵਾ-ਭਗਤੀ ਪਵਿਤ੍ਰ ਜੀਵਨ ਵਾਲਾ ਬਣਾ ਦੇਂਦੀ ਹੈ, ਸਾਧ ਸੰਗਤਿ ਵਿਚ ਮਿਲ ਕੇ ਉਸ ਮਨੁੱਖ ਦੇ ਅੰਦਰ ਜੀਵਨ-ਚਾਨਣ ਹੋ ਜਾਂਦਾ ਹੈ ॥੧॥
29381	677	ਜੀਅਨ ਕਾ ਦਾਤਾ ਪੂਰਨ ਸਭ ਠਾਇ॥		Jeean Kaa Dhaathaa Pooran Sabh Thaae ||	The Giver of all beings is totally pervading everywhere.	ਹੇ ਭਾਈ! ਜੇਹੜਾ ਪਰਮਾਤਮਾ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ, ਜੋ ਹਰ ਥਾਂ ਮੌਜੂਦ ਹੈ,
29382	677	ਕੋਟਿ ਕਲੇਸ ਮਿਟਹਿ ਹਰਿ ਨਾਇ॥		Kott Kalaes Mittehi Har Naae ||	Millions of pains are removed by the Lord's Name.	ਜਿਸ ਪ੍ਰਭੂ ਦੇ ਨਾਮ ਵਿਚ ਜੁੜਿਆਂ ਕ੍ਰੋੜਾਂ ਦੁੱਖ-ਕਲੇਸ਼ ਮਿਟ ਜਾਂਦੇ ਹਨ।
29383	677	ਜਨਮ ਮਰਨ ਸਗਲਾ ਦੁਖੁ ਨਾਸੈ॥		Janam Maran Sagalaa Dhukh Naasai ||	All the pains of birth and death are taken away	ਉਸ ਮਨੁੱਖ ਦਾ ਜਨਮ ਮਰਨ ਦਾ ਸਾਰਾ ਦੁੱਖ ਨਾਸ ਹੋ ਜਾਂਦਾ ਹੈ,

29384	677	ਗੁਰਮੁਖਿ ਜਾ ਕੈ ਮਨਿ ਤਨਿ ਬਾਸੈ॥੨॥		Guramukh Jaa Kai Man Than Baasai ||2||	From the Gurmukh, within whose mind and body the Lord dwells. ||2||	ਜਿਸ ਦੇ ਮਨ ਵਿਚ ਹਿਰਦੇ ਵਿਚ ਗੁਰੂ ਦੀ ਰਾਹੀਂ ਉਹ ਪ੍ਰਭੂ ਆ ਵੱਸਦਾ ਹੈ ॥੨॥
29385	677	ਜਿਸ ਨੋ ਆਪਿ ਲਏ ਲੜਿ ਲਾਇ॥		Jis No Aap Leae Larr Laae ||	He alone, whom the Lord has attached to the hem of His robe,	ਹੇ ਭਾਈ! ਪਰਮਾਤਮਾ ਜਿਸ ਮਨੁੱਖ ਨੂੰ ਆਪ ਆਪਣੇ ਲੜ ਲਾ ਲੈਂਦਾ ਹੈ,
29386	677	ਦਰਗਹ ਮਿਲੈ ਤਿਸੈ ਹੀ ਜਾਇ॥		Dharageh Milai Thisai Hee Jaae ||	Obtains a place in the Court of the Lord.	ਉਸੇ ਨੂੰ ਹੀ ਪਰਮਾਤਮਾ ਦੀ ਹਜ਼ੂਰੀ ਵਿਚ ਥਾਂ ਮਿਲਦੀ ਹੈ।
29387	677	ਸੇਈ ਭਗਤ ਜਿ ਸਾਚੇ ਭਾਣੇ॥		Saeee Bhagath J Saachae Bhaanae ||	They alone are devotees, who are pleasing to the True Lord.	ਹੇ ਭਾਈ! ਉਹੀ ਮਨੁੱਖ ਪਰਮਾਤਮਾ ਦੇ ਭਗਤ ਅਖਵਾ ਸਕਦੇ ਹਨ, ਜੇਹੜੇ ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ।
29388	677	ਜਮਕਾਲ ਤੇ ਭਏ ਨਿਕਾਣੇ॥੩॥		Jamakaal Thae Bheae Nikaanae ||3||	They are freed from the Messenger of Death. ||3||	ਉਹ ਮਨੁੱਖ ਮੌਤ ਤੋਂ ਨਿਡਰ ਹੋ ਜਾਂਦੇ ਹਨ ॥੩॥
29389	677	ਸਾਚਾ ਸਾਹਿਬੁ ਸਚੁ ਦਰਬਾਰੁ॥		Saachaa Saahib Sach Dharabaar ||	True is the Lord, and True is His Court.	ਹੇ ਭਾਈ! ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦਾ ਦਰਬਾਰ (ਭੀ) ਸਦਾ ਕਾਇਮ ਰਹਿਣ ਵਾਲਾ ਹੈ।
29390	677	ਕੀਮਤਿ ਕਉਣੁ ਕਹੈ ਬੀਚਾਰੁ॥		Keemath Koun Kehai Beechaar ||	Who can contemplate and describe His value?	ਕੋਈ ਮਨੁੱਖ ਉਸ ਦੀ ਕੀਮਤ ਦੀ ਵਿਚਾਰ ਨਹੀਂ ਕਰ ਸਕਦਾ।

29391	677	ਘਟਿ ਘਟਿ ਅੰਤਰਿ ਸਗਲ ਅਧਾਰੁ॥		Ghatt Ghatt Anthar Sagal Adhhaar ||	He is within each and every heart, the Support of all.	ਉਹ ਪ੍ਰਭੂ ਹਰੇਕ ਸਰੀਰ ਵਿਚ ਵੱਸਦਾ ਹੈ, (ਸਭ ਜੀਵਾਂ ਦੇ) ਅੰਦਰ ਵੱਸਦਾ ਹੈ, ਸਭ ਜੀਵਾਂ ਦਾ ਆਸਰਾ ਹੈ।
29392	677	ਨਾਨਕੁ ਜਾਚੈ ਸੰਤ ਰੇਣਾਰੁ॥੪॥੩॥੨੪॥		Naanak Jaachai Santh Raenaar ||4||3||24||	Nanak begs for the dust of the Saints. ||4||3||24||	ਨਾਨਕ ਉਸ ਪ੍ਰਭੂ ਦੇ ਸੰਤ ਜਨਾਂ ਦੀ ਚਰਨ-ਧੂੜ ਮੰਗਦਾ ਹੈ ॥੪॥੩॥੨੪॥
29393	677	ਧਨਾਸਰੀ ਮਹਲਾ ੫		Dhhanaasaree Mehalaa 5	Dhanaasaree, Fifth Mehl:	ਰਾਗ ਧਨਾਸਰੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
29394	677	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
29395	677	ਘਰਿ ਬਾਹਰਿ ਤੇਰਾ ਭਰਵਾਸਾ ਤੂ ਜਨ ਕੈ ਹੈ ਸੰਗਿ॥		Ghar Baahar Thaeraa Bharavaasaa Thoo Jan Kai Hai Sang ||	At home, and outside, I place my trust in You; You are always with Your humble servant.	ਹੇ ਪ੍ਰਭੂ! ਤੇਰੇ ਸੇਵਕ ਨੂੰ ਘਰ ਦੇ ਅੰਦਰ ਭੀ, ਘਰੋਂ ਬਾਹਰ ਭੀ ਤੇਰਾ ਹੀ ਸਹਾਰਾ ਰਹਿੰਦਾ ਹੈ, ਤੂੰ ਆਪਣੇ ਸੇਵਕ ਦੇ (ਸਦਾ) ਨਾਲ ਰਹਿੰਦਾ ਹੈਂ।
29396	677	ਕਰਿ ਕਿਰਪਾ ਪ੍ਰੀਤਮ ਪ੍ਰਭ ਅਪੁਨੇ ਨਾਮੁ ਜਪਉ ਹਰਿ ਰੰਗਿ॥੧॥		Kar Kirapaa Preetham Prabh Apunae Naam Japo Har Rang ||1||	Bestow Your Mercy, O my Beloved God, that I may chant the Lord's Name with love. ||1||	ਹੇ ਮੇਰੇ ਪ੍ਰੀਤਮ ਪ੍ਰਭੂ! (ਮੇਰੇ ਉਤੇ ਭੀ) ਮੇਹਰ ਕਰ, ਮੈਂ ਤੇਰੇ ਪਿਆਰ ਵਿਚ ਟਿਕ ਕੇ ਤੇਰਾ ਨਾਮ ਜਪਦਾ ਰਹਾਂ ॥੧॥

29397	677	ਜਨ ਕਉ ਪ੍ਰਭ ਅਪਨੇ ਕਾ ਤਾਣੁ॥		Jan Ko Prabh Apanae Kaa Thaan ||	God is the strength of His humble servants.	ਹੇ ਭਾਈ! ਪ੍ਰਭੂ ਦੇ ਸੇਵਕ ਨੂੰ ਆਪਣੇ ਪ੍ਰਭੂ ਦਾ ਆਸਰਾ ਹੁੰਦਾ ਹੈ।
29398	677	ਜੋ ਤੂ ਕਰਹਿ ਕਰਾਵਹਿ ਸੁਆਮੀ ਸਾ ਮਸਲਤਿ ਪਰਵਾਣੁ॥ਰਹਾਉ॥	(ਮਸ-ਲਤਿ) ਪ੍ਰੇਰਨਾ	Jo Thoo Karehi Karaavehi Suaamee Saa Masalath Paravaan || Rehaao ||	Whatever You do, or cause to be done, O Lord and Master, that outcome is acceptable to me. ||Pause||	ਹੇ ਮਾਲਕ-ਪ੍ਰਭੂ! ਜੋ ਕੁਝ ਤੂੰ ਕਰਦਾ ਹੈਂ ਜੋ ਕੁਝ ਤੂੰ (ਸੇਵਕ ਪਾਸੋਂ) ਕਰਾਂਦਾ ਹੈਂ, (ਸੇਵਕ ਨੂੰ) ਉਹੀ ਪ੍ਰੇਰਨਾ ਪਸੰਦ ਆਉਂਦੀ ਹੈ ਰਹਾਉ॥
29399	677	ਪਤਿ ਪਰਮੇਸਰੁ ਗਤਿ ਨਾਰਾਇਣੁ ਧਨੁ ਗੁਪਾਲ ਗੁਣ ਸਾਖੀ॥		Path Paramaesar Gath Naaraaein Dhhan Gupaal Gun Saakhee ||	The Transcendent Lord is my honor; the Lord is my emancipation; the glorious sermon of the Lord is my wealth.	ਹੇ ਭਾਈ! (ਪਰਮਾਤਮਾ ਦੇ ਸੇਵਕ ਨੂੰ) ਪਰਮਾਤਮਾ (ਦਾ ਨਾਮ ਹੀ) ਇੱਜ਼ਤ ਹੈ, ਪਰਮਾਤਮਾ (ਦਾ ਨਾਮ ਹੀ) ਉੱਚੀ ਆਤਮਕ ਅਵਸਥਾ ਹੈ, ਪਰਮਾਤਮਾ ਦੇ ਗੁਣਾਂ ਦੀਆਂ ਸਾਖੀਆਂ ਸੇਵਕ ਵਾਸਤੇ ਧਨ-ਪਦਾਰਥ ਹੈ।
29400	677	ਚਰਨ ਸਰਨ ਨਾਨਕ ਦਾਸ ਹਰਿ ਹਰਿ ਸੰਤੀ ਇਹ ਬਿਧਿ ਜਾਤੀ॥੨॥੧॥੨੫॥	(ਜਾਤੀ) ਜਾਣੀ। ਸੰਤੀਂ	Charan Saran Naanak Dhaas Har Har Santhee Eih Bidhh Jaathee ||2||1||25||	Slave Nanak seeks the Sanctuary of the Lord's feet; from the Saints, he has learned this way of life. ||2||1||25||	ਹੇ ਨਾਨਕ! ਪ੍ਰਭੂ ਦੇ ਸੇਵਕ ਪ੍ਰਭੂ ਦੇ ਚਰਨਾਂ ਦੀ ਸਰਨ ਪਏ ਰਹਿੰਦੇ ਹਨ। ਸੰਤ ਜਨਾਂ ਨੇ ਇਸੇ ਨੂੰ (ਸਹੀ) ਜੀਵਨ-ਜੁਗਤਿ ਸਮਝਿਆ ਹੈ ॥੨॥੧॥੨੫॥

29401	677	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29402	677	ਸਗਲ ਮਨੋਰਥ ਪ੍ਰਭ ਤੇ ਪਾਏ ਕੰਠਿ ਲਾਇ ਗੁਰਿ ਰਾਖੇ॥		Sagal Manorathh Prabh Thae Paaeae Kanth Laae Gur Raakhae ||	God has fulfilled all my desires. Holding me close in His embrace, the Guru has saved me.	ਹੇ ਭਾਈ! ਉਹਨਾਂ ਮਨੁੱਖਾਂ ਨੂੰ ਗੁਰੂ ਨੇ (ਆਪਣੇ) ਗਲ ਨਾਲ ਲਾ ਕੇ (ਸੰਸਾਰ-ਸਮੁੰਦਰ ਤੋਂ) ਬਚਾ ਲਿਆ, ਉਹਨਾਂ ਨੇ ਆਪਣੀਆਂ ਸਾਰੀਆਂ ਮੁਰਾਦਾਂ ਪਰਮਾਤਮਾ ਤੋਂ ਹਾਸਲ ਕਰ ਲਈਆਂ।
29403	677	ਸੰਸਾਰ ਸਾਗਰ ਮਹਿ ਜਲਨਿ ਨ ਦੀਨੇ ਕਿਨੈ ਨ ਦੁਤਰੁ ਭਾਖੇ॥੧॥	(ਭਾਖੇ) ਕਹੇ। ਦੁੱਤ-ਰੁ	Sansaar Saagar Mehi Jalan N Dheenae Kinai N Dhuthar Bhaakhae ||1||	He has saved me from burning in the ocean of fire, and now, no one calls it impassible. ||1||	ਗੁਰੂ ਪਰਮੇਸਰ ਨੇ ਉਹਨਾਂ ਨੂੰ ਸੰਸਾਰ-ਸਮੁੰਦਰ (ਦੇ ਵਿਕਾਰਾਂ ਦੀ ਅੱਗ) ਵਿਚ ਸੜਨ ਨਾਹ ਦਿੱਤਾ।(ਉਹਨਾਂ ਵਿਚੋਂ) ਕਿਸੇ ਨੇ ਭੀ ਇਹ ਨਾਹ ਆਖਿਆ ਕਿ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘਣਾ ਔਖਾ ਹੈ ॥੧॥
29404	677	ਜਿਨ ਕੈ ਮਨਿ ਸਾਚਾ ਬਿਸ੍ਵਾਸੁ॥	ਬਿਸ੍ਵਾਸੁ:ਅੱਧਾ ਵਾਵਾ ਪੋਲਾ ਬੋਲੋ, ਪੂਰਾ ਵਾਵਾ ਭਰਵਾਂ ਬੋਲੀਦਾ ਹੈ	Jin Kai Man Saachaa Bisvaas ||	Those who have true faith in their minds,	ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮਨ ਵਿਚ (ਗੁਰੂ ਪਰਮੇਸਰ ਵਾਸਤੇ) ਅਟੱਲ ਸਰਧਾ (ਬਣ ਜਾਂਦੀ) ਹੈ,
29405	677	ਪੇਖਿ ਪੇਖਿ ਸੁਆਮੀ ਕੀ ਸੋਭਾ ਆਨੰਦੁ ਸਦਾ ਉਲਾਸੁ॥ਰਹਾਉ॥		Paekh Paekh Suaamee Kee Sobhaa Aanadh Sadhaa Oulaas || Rehaao ||	Continually behold the Glory of the Lord; they are forever happy and blissful. ||Pause||	ਮਾਲਕ-ਪ੍ਰਭੂ ਦੀ ਸੋਭਾ-ਵਡਿਆਈ ਵੇਖ ਵੇਖ ਕੇ ਉਹਨਾਂ ਦੇ ਅੰਦਰ ਸਦਾ ਆਨੰਦ ਬਣਿਆ ਰਹਿੰਦਾ ਹੈ, ਖ਼ੁਸ਼ੀ ਬਣੀ ਰਹਿੰਦੀ ਹੈ ਰਹਾਉ॥

29406	677	ਚਰਨ ਸਰਨਿ ਪੂਰਨ ਪਰਮੇਸੁਰ ਅੰਤਰਜਾਮੀ ਸਾਖਿਓ॥		Charan Saran Pooran Paramaesur Antharajaamee Saakhiou ||	I seek the Sanctuary of the feet of the Perfect Transcendent Lord, the Searcher of hearts; I behold Him ever-present.	ਹੇ ਭਾਈ! ਉਹਨਾਂ ਮਨੁੱਖਾਂ ਨੇ ਸਰਬ-ਵਿਆਪਕ ਪਰਮਾਤਮਾ ਦੇ ਚਰਨਾਂ ਦੀ ਸਰਨ ਵਿਚ ਰਹਿ ਕੇ ਹਰੇਕ ਦੇ ਦਿਲ ਦੀ ਜਾਣਨ ਵਾਲੇ ਪਰਮਾਤਮਾ ਨੂੰ ਪਰਤੱਖ (ਹਰ ਥਾਂ) ਵੇਖ ਲਿਆ ਹੈ।
29407	677	ਜਾਨਿ ਬੂਝਿ ਅਪਨਾ ਕੀਓ ਨਾਨਕ ਭਗਤਨ ਕਾ ਅੰਕੁਰੁ ਰਾਖਿਓ॥੨॥੨॥੨੬॥	(ਅੰਕੁਰੁ) ਪੱਖ	Jaan Boojh Apanaa Keeou Naanak Bhagathan Kaa Ankur Raakhiou ||2||2||26||	In His wisdom, the Lord has made Nanak His own; He has preserved the roots of His devotees. ||2||2||26||	ਹੇ ਨਾਨਕ! (ਉਹਨਾਂ ਦੇ ਦਿਲ ਦੀ) ਜਾਣ ਕੇ ਸਮਝ ਕੇ ਪਰਮਾਤਮਾ ਨੇ ਉਹਨਾਂ ਨੂੰ ਆਪਣਾ ਬਣਾ ਲਿਆ, (ਤੇ, ਇਸ ਤਰ੍ਹਾਂ ਆਪਣੇ ਉਹਨਾਂ) ਭਗਤਾਂ ਦੇ ਅੰਦਰ ਭਗਤੀ ਦਾ ਫੁਟਦਾ ਕੋਮਲ ਅੰਗੂਰ (ਵਿਕਾਰਾਂ ਦੀ ਅੱਗ ਵਿਚ ਸੜਨ ਤੋਂ) ਪਰਮਾਤਮਾ ਨੇ ਬਚਾ ਲਿਆ ॥੨॥੨॥੨੬॥
29408	677	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29409	677	ਜਹ ਜਹ ਪੇਖਉ ਤਹ ਹਜੂਰਿ ਦੂਰਿ ਕਤਹੁ ਨ ਜਾਈ॥		Jeh Jeh Paekho Theh Hajoor Dhoor Kathahu N Jaaee ||	Wherever I look, there I see Him present; He is never far away.	ਹੇ ਭਾਈ! ਮੈਂ ਜਿੱਥੇ ਜਿੱਥੇ ਵੇਖਦਾ ਹਾਂ ਉੱਥੇ ਉੱਥੇ ਹੀ ਪਰਮਾਤਮਾ ਹਾਜ਼ਰ-ਨਾਜ਼ਰ ਹੈ, ਉਹ ਕਿਸੇ ਥਾਂ ਤੋਂ ਭੀ ਦੂਰ ਨਹੀਂ ਹੈ।

29410	677	ਰਵਿ ਰਹਿਆ ਸਰਬਤ੍ਰ ਮੈ ਮਨ ਸਦਾ ਧਿਆਈ॥੧॥	ਸਰਬੱਤ੍ਰ। ਮੈ ਬਿੰਦੀ ਨ ਲਾਉ	Rav Rehiaa Sarabathr Mai Man Sadhaa Dhhiaaee ||1||	He is all-pervading, everywhere; O my mind, meditate on Him forever. ||1||	ਹੇ (ਮੇਰੇ) ਮਨ! ਤੂੰ ਸਦਾ ਉਸ ਪ੍ਰਭੂ ਨੂੰ ਸਿਮਰਿਆ ਕਰ, ਜੇਹੜਾ ਸਭਨਾਂ ਵਿਚ ਵੱਸ ਰਿਹਾ ਹੈ ॥੧॥
29411	677	ਈਤ ਊਤ ਨਹੀ ਬੀਛੁੜੈ ਸੋ ਸੰਗੀ ਗਨੀਐ॥		Eeth Ooth Nehee Beeshhurrai So Sangee Ganeeai ||	He alone is called your companion, who will not be separated from you, here or hereafter.	ਹੇ ਭਾਈ! ਉਸ (ਪਰਮਾਤਮਾ) ਨੂੰ ਹੀ (ਅਸਲ) ਸਾਥੀ ਸਮਝਣਾ ਚਾਹੀਦਾ ਹੈ, (ਜੇਹੜਾ ਸਾਥੋਂ) ਇਸ ਲੋਕ ਵਿਚ ਪਰਲੋਕ ਵਿਚ (ਕਿਤੇ ਭੀ) ਵੱਖਰਾ ਨਹੀਂ ਹੁੰਦਾ।
29412	677	ਬਿਨਸਿ ਜਾਇ ਜੋ ਨਿਮਖ ਮਹਿ ਸੋ ਅਲਪ ਸੁਖੁ ਭਨੀਐ॥ਰਹਾਉ॥	(ਅਲਪ) ਛੋਟਾ। (ਭਨੀਐ) ਕਹੀਏ	Binas Jaae Jo Nimakh Mehi So Alap Sukh Bhaneeai || Rehaao ||	That pleasure, which passes away in an instant, is trivial. ||Pause||	ਉਸ ਸੁਖ ਨੂੰ ਹੋਛਾ ਸੁਖ ਆਖਣਾ ਚਾਹੀਦਾ ਹੈ ਜੇਹੜਾ ਅੱਖ ਝਮਕਣ ਦੇ ਸਮੇ ਵਿਚ ਹੀ ਮੁੱਕ ਜਾਂਦਾ ਹੈ ਰਹਾਉ॥
29413	677	ਪ੍ਰਤਿਪਾਲੈ ਅਪਿਆਉ ਦੇਇ ਕਛੁ ਊਨ ਨ ਹੋਈ॥	(ਅਪਿਆਉ) ਭੋਜਨ	Prathipaalai Apiaao Dhaee Kashh Oon N Hoee ||	He cherishes us, and gives us sustenance; He does not lack anything.	ਹੇ ਭਾਈ! ਮੇਰਾ ਉਹ ਪ੍ਰਭੂ ਭੋਜਨ ਦੇ ਕੇ (ਸਭ ਨੂੰ) ਪਾਲਦਾ ਹੈ, (ਉਸ ਦੀ ਕਿਰਪਾ ਨਾਲ) ਕਿਸੇ ਚੀਜ਼ ਦੀ ਥੁੜ ਨਹੀਂ ਰਹਿੰਦੀ।
29414	677	ਸਾਸਿ ਸਾਸਿ ਸੰਮਾਲਤਾ ਮੇਰਾ ਪ੍ਰਭੁ ਸੋਈ॥੨॥		Saas Saas Sanmaalathaa Maeraa Prabh Soee ||2||	With each and every breath, my God takes care of His creatures. ||2||	ਉਹ ਪ੍ਰਭੂ (ਸਾਡੇ) ਹਰੇਕ ਸਾਹ ਦੇ ਨਾਲ ਨਾਲ ਸਾਡੀ ਸੰਭਾਲ ਕਰਦਾ ਰਹਿੰਦਾ ਹੈ ॥੨॥

29415	677	ਅਛਲ ਅਛੇਦ ਅਪਾਰ ਪ੍ਰਭ ਊਚਾ ਜਾ ਕਾ ਰੂਪੁ॥		Ashhal Ashhaedh Apaar Prabh Oochaa Jaa Kaa Roop ||	God is undeceiveable, impenetrable and infinite; His form is lofty and exalted.	ਹੇ ਭਾਈ! ਜੇਹੜਾ ਪ੍ਰਭੂ ਛਲਿਆ ਨਹੀਂ ਜਾ ਸਕਦਾ, ਨਾਸ ਨਹੀਂ ਕੀਤਾ ਜਾ ਸਕਦਾ, ਜਿਸ ਦੀ ਹਸਤੀ ਸਭ ਤੋਂ ਉੱਚੀ ਹੈ,
29416	677	ਜਪਿ ਜਪਿ ਕਰਹਿ ਅਨੰਦੁ ਜਨ ਅਚਰਜ ਆਨੂਪੁ॥੩॥	ਅ-ਚਰਜ	Jap Jap Karehi Anandh Jan Acharaj Aanoop ||3||	Chanting and meditating on the embodiment of wonder and beauty, His humble servants are in bliss. ||3||	ਤੇ ਹੈਰਾਨ ਕਰਨ ਵਾਲੀ ਹੈ, ਜਿਸ ਦੇ ਬਰਾਬਰ ਦਾ ਹੋਰ ਕੋਈ ਨਹੀਂ, ਉਸ ਦੇ ਭਗਤ ਉਸ ਦਾ ਨਾਮ ਜਪ ਜਪ ਕੇ ਆਤਮਕ ਆਨੰਦ ਮਾਣਦੇ ਰਹਿੰਦੇ ਹਨ ॥੩॥
29417	677	ਸਾ ਮਤਿ ਦੇਹੁ ਦਇਆਲ ਪ੍ਰਭ ਜਿਤੁ ਤੁਮਹਿ ਅਰਾਧਾ॥	ਅਰੱਾਧਾ	Saa Math Dhaehu Dhaeiaal Prabh Jith Thumehi Araadhhaa ||	Bless me with such understanding, O Merciful Lord God, that I might remember You.	ਹੇ ਦਇਆ ਦੇ ਘਰ ਪ੍ਰਭੂ! ਮੈਨੂੰ ਉਹ ਸਮਝ ਬਖ਼ਸ਼ ਜਿਸ ਦੀ ਬਰਕਤਿ ਨਾਲ ਮੈਂ ਤੈਨੂੰ ਹੀ ਸਿਮਰਦਾ ਰਹਾਂ।
29418	678	ਨਾਨਕੁ ਮੰਗੈ ਦਾਨੁ ਪ੍ਰਭ ਰੇਨ ਪਗ ਸਾਧਾ॥੪॥੩॥੨੭॥	ਸਾਧਾ:ਪੋਲਾ ਬੋਲੋ	Naanak Mangai Dhaan Prabh Raen Pag Saadhhaa ||4||3||27||	Nanak begs God for the gift of the dust of the feet of the Saints. ||4||3||27||	ਹੇ ਪ੍ਰਭੂ! ਨਾਨਕ (ਤੇਰੇ ਪਾਸੋਂ) ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹੈ ॥੪॥੩॥੨੭॥
29419	678	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29420	678	ਜਿਨਿ ਤੁਮ ਭੇਜੇ ਤਿਨਹਿ ਬੁਲਾਏ ਸੁਖ ਸਹਜ ਸੇਤੀ ਘਰਿ ਆਉ॥		Jin Thum Bhaejae Thinehi Bulaaeae Sukh Sehaj Saethee Ghar Aao ||	The One who sent you, has now recalled you; return to your home now in peace and pleasure.	(ਹੇ ਮੇਰੀ ਜਿੰਦੇ!) ਜਿਸ ਨੇ ਤੈਨੂੰ (ਸੰਸਾਰ ਵਿਚ) ਭੇਜਿਆ ਹੈ, ਉਸੇ ਨੇ ਤੈਨੂੰ ਆਪਣੇ ਵਲ ਪ੍ਰੇਰਨਾ ਸ਼ੁਰੂ ਕੀਤੀ ਹੋਈ ਹੈ, ਤੂੰ ਆਨੰਦ ਨਾਲ ਆਤਮਕ ਅਡੋਲਤਾ ਨਾਲ ਹਿਰਦੇ-ਘਰ ਵਿਚ ਟਿਕੀ ਰਹੁ।
29421	678	ਅਨਦ ਮੰਗਲ ਗੁਨ ਗਾਉ ਸਹਜ ਧੁਨਿ ਨਿਹਚਲ ਰਾਜੁ ਕਮਾਉ॥੧॥		Anadh Mangal Gun Gaao Sehaj Dhhun Nihachal Raaj Kamaao ||1||	In bliss and ecstasy, sing His Glorious Praises; by this celestial tune, you shall acquire your everlasting kingdom. ||1||	ਹੇ ਜਿੰਦੇ! ਆਤਮਕ ਅਡੋਲਤਾ ਦੀ ਰੌ ਵਿਚ, ਆਨੰਦ ਖ਼ੁਸ਼ੀ ਪੈਦਾ ਕਰਨ ਵਾਲੇ ਹਰਿ-ਗੁਣ ਗਾਇਆ ਕਰ (ਇਸ ਤਰ੍ਹਾਂ ਕਾਮਾਦਿਕ ਵੈਰੀਆਂ ਉਤੇ) ਅਟੱਲ ਰਾਜ ਕਰ ॥੧॥
29422	678	ਤੁਮ ਘਰਿ ਆਵਹੁ ਮੇਰੇ ਮੀਤ॥		Thum Ghar Aavahu Maerae Meeth ||	Come back to your home, O my friend.	ਮੇਰੇ ਮਿੱਤਰ (ਮਨ)! (ਹੁਣ) ਤੂੰ ਹਿਰਦੇ-ਘਰ ਵਿਚ ਟਿਕਿਆ ਰਹੁ (ਆ ਜਾ)।
29423	678	ਤੁਮਰੇ ਦੋਖੀ ਹਰਿ ਆਪਿ ਨਿਵਾਰੇ ਅਪਦਾ ਭਈ ਬਿਤੀਤ॥ਰਹਾਉ॥		Thumarae Dhokhee Har Aap Nivaarae Apadhaa Bhee Bitheeth || Rehaao ||	The Lord Himself has eliminated your enemies, and your misfortunes are past. ||Pause||	ਪਰਮਾਤਮਾ ਨੇ ਆਪ ਹੀ (ਕਾਮਾਦਿਕ) ਤੇਰੇ ਵੈਰੀ ਦੂਰ ਕਰ ਦਿੱਤੇ ਹਨ, (ਕਾਮਾਦਿਕਾਂ ਤੋਂ ਪੈ ਰਹੀ ਮਾਰ ਦੀ) ਬਿਪਤਾ (ਹੁਣ) ਮੁੱਕ ਗਈ ਹੈ ਰਹਾਉ॥
29424	678	ਪ੍ਰਗਟ ਕੀਨੇ ਪ੍ਰਭ ਕਰਨੇਹਾਰੇ ਨਾਸਨ ਭਾਜਨ ਥਾਕੇ॥	ਨੱਾਸਨ ਭੱਾਜਨ ਥੱਾਕੇ	Pragatt Keenae Prabh Karanaehaarae Naasan Bhaajan Thhaakae ||	God, the Creator Lord, has glorified you, and your running and rushing around has ended.	(ਹੇ ਮੇਰੀ ਜਿੰਦੇ!) ਸਭ ਕੁਝ ਕਰ ਸਕਣ ਵਾਲੇ ਪ੍ਰਭੂ ਨੇ ਉਹਨਾਂ ਦੇ ਅੰਦਰ ਉਸ ਨੇ ਆਪਣਾ ਆਪ ਪਰਗਟ ਕਰ ਦਿੱਤਾ, ਉਹਨਾਂ ਦੀਆਂ ਭਟਕਣਾਂ ਮੁੱਕ ਗਈਆਂ।

29425	678	ਘਰਿ ਮੰਗਲ ਵਾਜਹਿ ਨਿਤ ਵਾਜੇ ਅਪੁਨੈ ਖਸਮਿ ਨਿਵਾਜੇ॥੨॥	ਵੱਜਹਿ ਵੱਜੇ ਨਿਵੱਜੇ	Ghar Mangal Vaajehi Nith Vaajae Apunai Khasam Nivaajae ||2||	In your home, there is rejoicing; the musical instruments continually play, and your Husband Lord has exalted you. ||2||	ਖਸਮ-ਪ੍ਰਭੂ ਨੇ ਉਨ੍ਹਾਂ ਉਤੇ ਮੇਹਰ ਕੀਤੀ, ਉਹਨਾਂ ਦੇ ਹਿਰਦੇ-ਘਰ ਵਿਚ ਆਤਮਕ ਆਨੰਦ ਦੇ (ਮਾਨੇ) ਵਾਜੇ ਸਦਾ ਵੱਜਣ ਲੱਗ ਪੈਂਦੇ ਹਨ ॥੨॥
29426	678	ਅਸਥਿਰ ਰਹਹੁ ਡੋਲਹੁ ਮਤ ਕਬਹੂ ਗੁਰ ਕੈ ਬਚਨਿ ਅਧਾਰਿ॥		Asathhir Rehahu Ddolahu Math Kabehoo Gur Kai Bachan Adhhaar ||	Remain firm and steady, and do not ever waver; take the Guru's Word as your Support.	(ਹੇ ਜਿੰਦੇ!) ਗੁਰੂ ਦੇ ਉਪਦੇਸ਼ ਉਤੇ ਤੁਰ ਕੇ, ਗੁਰੂ ਦੇ ਆਸਰੇ ਰਹਿ ਕੇ, ਤੂੰ ਭੀ (ਕਾਮਾਦਿਕ ਵੈਰੀਆਂ ਦੇ ਟਾਕਰੇ ਤੇ) ਪੱਕੇ ਪੈਰਾਂ ਤੇ ਖਲੋ ਜਾ, ਵੇਖੀਂ, ਹੁਣ ਕਦੇ ਭੀ ਨਾਹ ਡੋਲੀਂ।
29427	678	ਜੈ ਜੈਕਾਰੁ ਸਗਲ ਭੂ ਮੰਡਲ ਮੁਖ ਊਜਲ ਦਰਬਾਰ॥੩॥	(ਭੂ) ਪ੍ਰਿਥਵੀ। (ਮੰਡਲ) ਸਮੂਹ। ਊਜਲ	Jai Jai Kaar Sagal Bhoo Manddal Mukh Oojal Dharabaar ||3||	You shall be applauded and congratulated all over the world, and your face shall be radiant in the Court of the Lord. ||3||	ਸਾਰੀ ਸ੍ਰਿਸ਼ਟੀ ਵਿਚ ਸੋਭਾ ਹੋਵੇਗੀ, ਪ੍ਰਭੂ ਦੀ ਹਜ਼ੂਰੀ ਵਿਚ ਤੇਰਾ ਮੂੰਹ ਉਜਲਾ ਹੋਵੇਗਾ ॥੩॥
29428	678	ਜਿਨ ਕੇ ਜੀਅ ਤਿਨੈ ਹੀ ਫੇਰੇ ਆਪੇ ਭਇਆ ਸਹਾਈ॥		Jin Kae Jeea Thinai Hee Faerae Aapae Bhaeiaa Sehaaee ||	All beings belong to Him; He Himself transforms them, and He Himself becomes their help and support.	ਜਿਸ ਪ੍ਰਭੂ ਜੀ ਨੇ ਜੀਵ ਪੈਦਾ ਕੀਤੇ ਹੋਏ ਹਨ, ਉਹ ਆਪ ਹੀ ਇਹਨਾਂ ਨੂੰ (ਵਿਕਾਰਾਂ ਵਲੋਂ) ਮੋੜਦਾ ਹੈ, ਉਹ ਆਪ ਹੀ ਮਦਦਗਾਰ ਬਣਦਾ ਹੈ।

29429	678	ਅਚਰਜੁ ਕੀਆ ਕਰਨੈਹਾਰੈ ਨਾਨਕ ਸਚੁ ਵਡਿਆਈ॥੪॥੪॥ ੨੮॥	ਅ-ਚਰਜੁ	Acharaj Keeaa Karanaihaarai Naanak Sach Vaddiaaee ||4||4||28||	The Creator Lord has worked a wondrous miracle; O Nanak, His glorious greatness is true. ||4||4||28||	ਹੇ ਨਾਨਕ! ਸਭ ਕੁਝ ਕਰ ਸਕਣ ਵਾਲੇ ਪਰਮਾਤਮਾ ਨੇ ਇਹ ਅਨੋਖੀ ਖੇਡ ਬਣਾ ਦਿੱਤੀ ਹੈ, ਉਸ ਦੀ ਵਡਿਆਈ ਸਦਾ ਕਾਇਮ ਰਹਿਣ ਵਾਲੀ ਹੈ ॥੪॥੪॥੨੮॥
29430	678	ਧਨਾਸਰੀ ਮਹਲਾ ੫ ਘਰੁ ੬		Dhhanaasaree Mehalaa 5 Ghar 6	Dhanaasaree, Fifth Mehl, Sixth House:	ਰਾਗ ਧਨਾਸਰੀ, ਘਰ ੬ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
29431	678	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
29432	678	ਸੁਨਹੁ ਸੰਤ ਪਿਆਰੇ ਬਿਨਉ ਹਮਾਰੇ ਜੀਉ॥		Sunahu Santh Piaarae Bino Hamaarae Jeeo ||	Listen, O Dear Beloved Saints, to my prayer.	ਹੇ ਪਿਆਰੇ ਸੰਤ ਜਨੋ! ਮੇਰੀ ਬੇਨਤੀ ਸੁਣੋ,
29433	678	ਹਰਿ ਬਿਨੁ ਮੁਕਤਿ ਨ ਕਾਹੂ ਜੀਉ॥ਰਹਾਉ॥		Har Bin Mukath N Kaahoo Jeeo || Rehaao ||	Without the Lord, no one is liberated. ||Pause||	ਪਰਮਾਤਮਾ (ਦੇ ਸਿਮਰਨ) ਤੋਂ ਬਿਨਾ (ਮਾਇਆ ਦੇ ਬੰਧਨਾਂ ਤੋਂ) ਕਿਸੇ ਦੀ ਭੀ ਖ਼ਲਾਸੀ ਨਹੀਂ ਹੁੰਦੀ ਰਹਾਉ॥

29434	678	ਮਨ ਨਿਰਮਲ ਕਰਮ ਕਰਿ ਤਾਰਨ ਤਰਨ ਹਰਿ ਅਵਰਿ ਜੰਜਾਲ ਤੇਰੈ ਕਾਹੂ ਨ ਕਾਮ ਜੀਉ॥		Man Niramal Karam Kar Thaaran Tharan Har Avar Janjaal Thaerai Kaahoo N Kaam Jeeo ||	O mind, do only deeds of purity; the Lord is the only boat to carry you across. Other entanglements shall be of no use to you.	ਹੇ ਮਨ! (ਜੀਵਨ ਨੂੰ) ਪਵਿਤ੍ਰ ਕਰਨ ਵਾਲੇ (ਹਰਿ-ਸਿਮਰਨ ਦੇ) ਕੰਮ ਕਰਿਆ ਕਰ, ਪਰਮਾਤਮਾ (ਦਾ ਨਾਮ ਹੀ ਸੰਸਾਰ-ਸਮੁੰਦਰ ਤੋਂ) ਪਾਰ ਲੰਘਣ ਲਈ ਜਹਾਜ਼ ਹੈ। (ਦੁਨੀਆ ਦੇ) ਹੋਰ ਸਾਰੇ ਜੰਜਾਲ ਤੇਰੇ ਕਿਸੇ ਭੀ ਕੰਮ ਨਹੀਂ ਆਉਣਗੇ।
29435	678	ਜੀਵਨ ਦੇਵਾ ਪਾਰਬ੍ਰਹਮ ਸੇਵਾ ਇਹੁ ਉਪਦੇਸੁ ਮੋਕਉ ਗੁਰਿ ਦੀਨਾ ਜੀਉ॥੧॥		Jeevan Dhaevaa Paarabreham Saevaa Eihu Oupadhaes Mo Ko Gur Dheenaa Jeeo ||1||	True living is serving the Divine, Supreme Lord God; the Guru has imparted this teaching to me. ||1||	ਪ੍ਰਕਾਸ਼-ਰੂਪ ਪਰਮਾਤਮਾ ਦੀ ਸੇਵਾ-ਭਗਤੀ ਹੀ (ਅਸਲ) ਜੀਵਨ ਹੈ-ਇਹ ਸਿੱਖਿਆ ਮੈਨੂੰ ਗੁਰੂ ਨੇ ਦਿੱਤੀ ਹੈ ॥੧॥
29436	678	ਤਿਸੁ ਸਿਉ ਨ ਲਾਈਐ ਹੀਤੁ ਜਾ ਕੋ ਕਿਛੁ ਨਾਹੀ ਬੀਤੁ ਅੰਤ ਕੀ ਬਾਰ ਓਹੁ ਸੰਗਿ ਨ ਚਾਲੈ॥	(ਹੀਤੁ) ਪ੍ਰੇਮ। (ਬੀਤੁ) ਤਾਕਤ	This Sio N Laaeeai Heeth Jaa Ko Kishh Naahee Beeth Anth Kee Baar Ouhu Sang N Chaalai ||	Do not fall in love with trivial things; in the end, they shall not go along with you.	ਹੇ ਭਾਈ! ਉਸ (ਧਨ-ਪਦਾਰਥ) ਨਾਲ ਪਿਆਰ ਨਹੀਂ ਪਾਣਾ ਚਾਹੀਦਾ, ਜਿਸ ਦੀ ਕੋਈ ਪਾਂਇਆਂ ਹੀ ਨਹੀਂ। ਉਹ (ਧਨ-ਪਦਾਰਥ) ਅਖ਼ੀਰ ਵੇਲੇ ਨਾਲ ਨਹੀਂ ਜਾਂਦਾ।

29437	678	ਮਨਿ ਤਨਿ ਤੂ ਆਰਾਧ ਹਰਿ ਕੇ ਪ੍ਰੀਤਮ ਸਾਧ ਜਾ ਕੈ ਸੰਗਿ ਤੇਰੇ ਬੰਧਨ ਛੂਟੈ॥੨॥		Man Than Thoo Aaraadhh Har Kae Preetham Saadhh Jaa Kai Sang Thaerae Bandhhan Shhoottai ||2||	Worship and adore the Lord with your mind and body, O Beloved Saint of the Lord; in the Saadh Sangat, the Company of the Holy, you shall be released from bondage. ||2||	ਆਪਣੇ ਮਨ ਵਿਚ ਹਿਰਦੇ ਵਿਚ ਤੂੰ ਪਰਮਾਤਮਾ ਦਾ ਨਾਮ ਸਿਮਰਿਆ ਕਰ। ਪਰਮਾਤਮਾ ਨਾਲ ਪਿਆਰ ਕਰਨ ਵਾਲੇ ਸੰਤ ਜਨਾਂ (ਦੀ ਸੰਗਤਿ ਕਰਿਆ ਕਰ), ਕਿਉਂਕਿ ਉਹਨਾਂ (ਸੰਤ ਜਨਾਂ ਦੀ) ਸੰਗਤਿ ਵਿਚ ਤੇਰੇ (ਮਾਇਆ ਦੇ) ਬੰਧਨ ਮੁੱਕ ਸਕਦੇ ਹਨ ॥੨॥
29438	678	ਗਹੁ ਪਾਰਬ੍ਰਹਮ ਸਰਨ ਹਿਰਦੈ ਕਮਲ ਚਰਨ ਅਵਰ ਆਸ ਕਛੁ ਪਟਲੁ ਨ ਕੀਜੈ॥	(ਪਟਲੁ) ਪੜਦਾ	Gahu Paarabreham Saran Hiradhai Kamal Charan Avar Aas Kashh Pattal N Keejai ||	In your heart, hold fast to the Sanctuary of the lotus feet of the Supreme Lord God; do not place your hopes in any other support.	ਹੇ ਭਾਈ! ਪਰਮਾਤਮਾ ਦਾ ਆਸਰਾ ਫੜ, (ਆਪਣੇ) ਹਿਰਦੇ ਵਿਚ (ਪਰਮਾਤਮਾ ਦੇ) ਕੋਮਲ ਚਰਨ (ਵਸਾ) (ਪਰਮਾਤਮਾ ਤੋਂ ਬਿਨਾ) ਕਿਸੇ ਹੋਰ ਦੀ ਆਸ ਨਹੀਂ ਕਰਨੀ ਚਾਹੀਦੀ, ਕੋਈ ਹੋਰ ਆਸਰਾ ਨਹੀਂ ਢੂੰਢਣਾ ਚਾਹੀਦਾ।
29439	678	ਸੋਈ ਭਗਤੁ ਗਿਆਨੀ ਧਿਆਨੀ ਤਪਾ ਸੋਈ ਨਾਨਕ ਜਾ ਕਉ ਕਿਰਪਾ ਕੀਜੈ॥੩॥੧॥੨੯॥		Soee Bhagath Giaanee Dhhiaanee Thapaa Soee Naanak Jaa Ko Kirapaa Keejai ||3||1||29||	He alone is a devotee, spiritually wise, a meditator, and a penitent, O Nanak, who is blessed by the Lord's Mercy. ||3||1||29||	ਹੇ ਨਾਨਕ! ਉਹੀ ਮਨੁੱਖ ਭਗਤ ਹੈ, ਉਹੀ ਗਿਆਨਵਾਨ ਹੈ, ਉਹੀ ਸੁਰਤਿ-ਅਭਿਆਸੀ ਹੈ, ਉਹੀ ਤਪਸ੍ਵੀ ਹੈ, ਜਿਸ ਉਤੇ ਪਰਮਾਤਮਾ ਕਿਰਪਾ ਕਰਦਾ ਹੈ ॥੩॥੧॥੨੯॥

29440	678	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29441	678	ਮੇਰੇ ਲਾਲ ਭਲੋ ਰੇ ਭਲੋ ਰੇ ਭਲੋ ਹਰਿ ਮੰਗਨਾ॥		Maerae Laal Bhalo Rae Bhalo Rae Bhalo Har Manganaa ||	O my dear beloved, it is good, it is better, it is best, to ask for the Lord's Name.	ਹੇ ਮੇਰੇ ਪਿਆਰੇ! ਹੇ ਭਾਈ! (ਪਰਮਾਤਮਾ ਦੇ ਦਰ ਤੋਂ) ਪਰਮਾਤਮਾ (ਦਾ ਨਾਮ) ਮੰਗਣਾ ਸਭ ਤੋਂ ਚੰਗਾ ਕੰਮ ਹੈ।
29442	678	ਦੇਖਹੁ ਪਸਾਰਿ ਨੈਨ ਸੁਨਹੁ ਸਾਧੂ ਕੇ ਬੈਨ ਪ੍ਰਾਨਪਤਿ ਚਿਤਿ ਰਾਖੁ ਸਗਲ ਹੈ ਮਰਨਾ॥ਰਹਾਉ॥		Dhaekhahu Pasaar Nain Sunahu Saadhhoo Kae Bain Praanapath Chith Raakh Sagal Hai Maranaa || Rehaao ||	Behold, with your eyes wide-open, and listen to the Words of the Holy Saints; enshrine in your consciousness the Lord of Life - remember that all must die. ||Pause||	ਹੇ ਸੱਜਣ! ਗੁਰੂ ਦੀ ਬਾਣੀ (ਸਦਾ) ਸੁਣਦੇ ਰਹੋ, ਜਿੰਦ ਦੇ ਮਾਲਕ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖੋ। ਅੱਖਾਂ ਖੋਲ੍ਹ ਕੇ ਵੇਖੋ, (ਆਖ਼ਰ) ਸਭ ਨੇ ਮਰਨਾ ਹੈ ਰਹਾਉ॥
29443	678	ਚੰਦਨ ਚੋਆ ਰਸ ਭੋਗ ਕਰਤ ਅਨੇਕੈ ਬਿਖਿਆ ਬਿਕਾਰ ਦੇਖੁ ਸਗਲ ਹੈ ਫੀਕੇ ਏਕੈ ਗੋਬਿਦ ਕੋ ਨਾਮੁ ਨੀਕੋ ਕਹਤ ਹੈ ਸਾਧ ਜਨ॥	(ਨੀਕੋ) ਸੁੰਦਰ	Chandhan Choaa Ras Bhog Karath Anaekai Bikhiaa Bikaar Dhaekh Sagal Hai Feekae Eaekai Gobidh Ko Naam Neeko Kehath Hai Saadhh Jan ||	The application of sandalwood oil, the enjoyment of pleasures and the practice of many corrupt sins - look upon all of these as insipid and worthless. The Name of the Lord of the Universe alone is sublime; so say the Holy Saints.	ਹੇ ਸੱਜਣ! ਤੂੰ ਚੰਦਨ ਅਤਰ (ਵਰਤਦਾ ਹੈਂ) ਅਤੇ ਅਨੇਕਾਂ ਹੀ ਸੁਆਦਲੇ ਖਾਣੇ ਖਾਂਦਾ ਹੈਂ। ਪਰ, ਵੇਖ! ਇਹ ਵਿਕਾਰ ਪੈਦਾ ਕਰਨ ਵਾਲੇ ਮਾਇਆ ਦੇ ਸਾਰੇ ਭੋਗ ਫਿੱਕੇ ਹਨ। ਸੰਤ ਜਨ ਆਖਦੇ ਹਨ ਕਿ ਸਿਰਫ਼ ਪਰਮਾਤਮਾ ਦਾ ਨਾਮ ਹੀ ਚੰਗਾ ਹੈ।

29444	678	ਤਨੁ ਧਨੁ ਆਪਨ ਥਾਪਿਓ ਹਰਿ ਜਪੁ ਨ ਨਿਮਖ ਜਾਪਿਓ ਅਰਥੁ ਦ੍ਰਬੁ ਦੇਖੁ ਕਛੁ ਸੰਗਿ ਨਾਹੀ ਚਲਨਾ॥੧॥	(ਅਰਥੁ) ਸੰਪਤੀ। (ਦ੍ਰਬੁ) ਧਨ	Than Dhhan Aapan Thhaapiou Har Jap N Nimakh Jaapiou Arathh Dhrab Dhaekh Kashh Sang Naahee Chalanaa ||1||	You claim that your body and wealth are your own; you do not chant the Lord's Name even for an instant. Look and see, that none of your possessions or riches shall go along with you. ||1||	ਤੂੰ ਇਸ ਸਰੀਰ ਨੂੰ ਇਸ ਧਨ ਨੂੰ ਆਪਣਾ ਸਮਝ ਰਿਹਾ ਹੈਂ, (ਇਹਨਾਂ ਦੇ ਮੋਹ ਵਿਚ ਫਸ ਕੇ) ਪਰਮਾਤਮਾ ਦਾ ਨਾਮ ਤੂੰ ਇਕ ਛਿਨ ਭਰ ਭੀ ਨਹੀਂ ਜਪਦਾ। ਵੇਖ, ਇਹ ਧਨ-ਪਦਾਰਥ ਕੁਝ ਭੀ (ਤੇਰੇ) ਨਾਲ ਨਹੀਂ ਜਾਵੇਗਾ ॥੧॥
29445	678	ਜਾ ਕੋ ਰੇ ਕਰਮੁ ਭਲਾ ਤਿਨਿ ਓਟ ਗਹੀ ਸੰਤ ਪਲਾ ਤਿਨ ਨਾਹੀ ਰੇ ਜਮੁ ਸੰਤਾਵੈ ਸਾਧੂ ਕੀ ਸੰਗਨਾ॥	(ਸੰਗਨਾ) ਸੰਗਤ। ਭਲਾ:ਪੋਲਾ ਬੋਲੋ। ਪੱਲਾ	Jaa Ko Rae Karam Bhalaa Thin Outt Gehee Santh Palaa Thin Naahee Rae Jam Santhaavai Saadhhoo Kee Sanganaa ||	One who has good karma, grasps the Protection of the hem of the Saint's robe; in the Saadh Sangat, the Company of the Holy, the Messenger of Death cannot threaten him.	ਹੇ ਭਾਈ! ਜਿਸ ਮਨੁੱਖ ਦੀ ਚੰਗੀ ਕਿਸਮਤ ਹੋਈ, ਉਸ ਨੇ ਸੰਤਾਂ ਦਾ ਆਸਰਾ ਲਿਆ, ਉਸ ਨੇ ਸੰਤਾਂ ਦਾ ਪੱਲਾ ਫੜਿਆ। ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸੰਗਤਿ ਵਿਚ ਰਹਿੰਦੇ ਹਨ, ਉਹਨਾਂ ਨੂੰ ਮੌਤ ਦਾ ਡਰ ਸਤਾ ਨਹੀਂ ਸਕਦਾ।

29446	678	ਪਾਇਓ ਰੇ ਪਰਮ ਨਿਧਾਨੁ ਮਿਟਿਓ ਹੈ ਅਭਿਮਾਨੁ ਏਕੈ ਨਿਰੰਕਾਰ ਨਾਨਕ ਮਨੁ ਲਗਨਾ॥੨॥੨॥੩੦॥		Paaeiou Rae Param Nidhhaan Mittiou Hai Abhimaan Eaekai Nirankaar Naanak Man Laganaa ||2||2||30||	I have obtained the supreme treasure, and my egotism has been eradicated; Nanak's mind is attached to the One Formless Lord. ||2||2||30||	ਹੇ ਨਾਨਕ! ਜਿਸ ਮਨੁੱਖ ਦਾ ਮਨ ਸਿਰਫ਼ ਪਰਮਾਤਮਾ ਵਿਚ ਜੁੜਿਆ ਰਹਿੰਦਾ ਹੈ ਉਸ ਨੇ ਸਭ ਤੋਂ ਵਧੀਆ ਖ਼ਜ਼ਾਨਾ ਲੱਭ ਲਿਆ ਉਸ ਦੇ ਅੰਦਰੋਂ ਅਹੰਕਾਰ ਮਿਟ ਗਿਆ ॥੨॥੨॥੩੦॥
29447	679	ਧਨਾਸਰੀ ਮਹਲਾ ੫ ਘਰੁ ੭		Dhhanaasaree Mehalaa 5 Ghar 7	Dhanaasaree, Fifth Mehl, Seventh House:	ਰਾਗ ਧਨਾਸਰੀ, ਘਰ ੭ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
29448	679	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
29449	679	ਹਰਿ ਏਕੁ ਸਿਮਰਿ ਏਕੁ ਸਿਮਰਿ ਏਕੁ ਸਿਮਰਿ ਪਿਆਰੇ॥		Har Eaek Simar Eaek Simar Eaek Simar Piaarae ||	Meditate in remembrance on the One Lord; meditate in remembrance on the One Lord; meditate in remembrance on the One Lord, O my Beloved.	ਹੇ ਪਿਆਰੇ! ਸਦਾ ਹੀ ਪਰਮਾਤਮਾ ਦਾ ਨਾਮ ਸਿਮਰਿਆ ਕਰ।

29450	679	ਕਲਿ ਕਲੇਸ ਲੋਭ ਮੋਹ ਮਹਾ ਭਉਜਲੁ ਤਾਰੇ॥ਰਹਾਉ॥		Kal Kalaes Lobh Moh Mehaa Bhoujal Thaarae || Rehaao ||	He shall save you from strife, suffering, greed, attachment, and the most terrifying world-ocean. ||Pause||	(ਇਹ ਸਿਮਰਨ) ਇਸ ਵੱਡੇ ਭਿਆਨਕ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ਜਿਸ ਵਿਚ ਬੇਅੰਤ ਸੰਸਾਰਕ ਝਗੜੇ ਹਨ, ਜਿਸ ਵਿਚ ਲੋਭ ਮੋਹ (ਦੀਆਂ ਲਹਿਰਾਂ ਉਠ ਰਹੀਆਂ) ਹਨ ਰਹਾਉ॥
29451	679	ਸਾਸਿ ਸਾਸਿ ਨਿਮਖ ਨਿਮਖ ਦਿਨਸੁ ਰੈਨਿ ਚਿਤਾਰੇ॥		Saas Saas Nimakh Nimakh Dhinas Rain Chithaarae ||	With each and every breath, each and every instant, day and night, dwell upon Him.	ਹੇ ਭਾਈ! ਦਿਨ ਰਾਤ ਛਿਨ ਛਿਨ ਹਰੇਕ ਸਾਹ ਦੇ ਨਾਲ (ਪਰਮਾਤਮਾ ਦਾ ਨਾਮ ਚੇਤੇ ਕਰਦਾ ਰਹੁ।
29452	679	ਸਾਧਸੰਗ ਜਪਿ ਨਿਸੰਗ ਮਨਿ ਨਿਧਾਨੁ ਧਾਰੇ॥੧॥		Saadhhasang Jap Nisang Man Nidhhaan Dhhaarae ||1||	In the Saadh Sangat, the Company of the Holy, meditate on Him fearlessly, and enshrine the treasure of His Name in your mind. ||1||	ਸਾਧ ਸੰਗਤਿ ਵਿਚ (ਬੈਠ ਕੇ) ਝਾਕਾ ਲਾਹ ਕੇ ਪਰਮਾਤਮਾ ਦਾ ਨਾਮ ਜਪਿਆ ਕਰ। ਇਹ ਨਾਮ-ਖ਼ਜ਼ਾਨਾ ਆਪਣੇ ਮਨ ਵਿਚ ਵਸਾਈ ਰੱਖ ॥੧॥
29453	679	ਚਰਨਕਮਲ ਨਮਸਕਾਰ ਗੁਨ ਗੋਬਿਦ ਬੀਚਾਰੇ॥		Charan Kamal Namasakaar Gun Gobidh Beechaarae ||	Worship His lotus feet, and contemplate the glorious virtues of the Lord of the Universe.	ਹੇ ਪਿਆਰੇ! ਪਰਮਾਤਮਾ ਦੇ ਕੋਮਲ ਚਰਨਾਂ ਉਤੇ ਆਪਣਾ ਸਿਰ ਨਿਵਾਈ ਰੱਖ। ਗੋਬਿੰਦ ਦੇ ਗੁਣ ਆਪਣੇ ਸੋਚ-ਮੰਡਲ ਵਿਚ ਵਸਾ।

29454	679	ਸਾਧ ਜਨਾ ਕੀ ਰੇਨ ਨਾਨਕ ਮੰਗਲ ਸੂਖ ਸਧਾਰੇ॥੨॥੧॥੩੧॥	(ਸਧਾਰੇ) ਦਿੰਦੀ ਹੈ	Saadhh Janaa Kee Raen Naanak Mangal Sookh Sadhhaarae ||2||1||31||	O Nanak, the dust of the feet of the Holy shall bless you with pleasure and peace. ||2||1||31||	ਹੇ ਨਾਨਕ! ਸੰਤ ਜਨਾਂ ਦੇ ਚਰਨਾਂ ਦੀ ਧੂੜ (ਆਪਣੇ ਮੱਥੇ ਉਤੇ ਲਾਇਆ ਕਰ, ਇਹ ਚਰਨ-ਧੂੜ) ਆਤਮਕ ਖ਼ੁਸ਼ੀਆਂ ਤੇ ਆਤਮਕ ਆਨੰਦ ਦੇਂਦੀ ਹੈ ॥੨॥੧॥੩੧॥
29455	679	ਧਨਾਸਰੀ ਮਹਲਾ ੫ ਘਰੁ ੮ ਦੁਪਦੇ	ਦੁ-ਪਦੇ	Dhhanaasaree Mehalaa 5 Ghar 8 Dhupadhae	Dhanaasaree, Fifth Mehl, Eighth House, Du-Padas:	ਰਾਗ ਧਨਾਸਰੀ, ਘਰ ੮ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
29456	679	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
29457	679	ਸਿਮਰਉ ਸਿਮਰਿ ਸਿਮਰਿ ਸੁਖ ਪਾਵਉ ਸਾਸਿ ਸਾਸਿ ਸਮ੍ਹਾਲੇ॥		Simaro Simar Simar Sukh Paavo Saas Saas Samaalae ||	Remembering, remembering, remembering Him in meditation, I find peace; with each and every breath, I dwell upon Him.	ਹੇ ਭਾਈ! (ਪਰਮਾਤਮਾ ਦੇ ਨਾਮ ਨੂੰ ਮੈਂ ਆਪਣੇ) ਹਰੇਕ ਸਾਹ ਦੇ ਨਾਲ ਹਿਰਦੇ ਵਿਚ ਵਸਾ ਕੇ ਸਿਮਰਦਾ ਹਾਂ, ਤੇ, ਸਿਮਰ ਸਿਮਰ ਕੇ ਆਤਮਕ ਆਨੰਦ ਪ੍ਰਾਪਤ ਕਰਦਾ ਹਾਂ।
29458	679	ਇਹ ਲੋਕਿ ਪਰਲੋਕਿ ਸੰਗਿ ਸਹਾਈ ਜਤ ਕਤ ਮੋਹਿ ਰਖਵਾਲੇ॥੧॥		Eih Lok Paralok Sang Sehaaee Jath Kath Mohi Rakhavaalae ||1||	In this world, and in the world beyond, He is with me, as my help and support; wherever I go, He protects me. ||1||	ਇਹ ਹਰਿ-ਨਾਮ ਇਸ ਲੋਕ ਵਿਚ ਤੇ ਪਰਲੋਕ ਵਿਚ ਮੇਰੇ ਨਾਲ ਮਦਦਗਾਰ ਹੈ, ਹਰ ਥਾਂ ਮੇਰਾ ਰਾਖਾ ਹੈ ॥੧॥

29459	679	ਗੁਰ ਕਾ ਬਚਨੁ ਬਸੈ ਜੀਅ ਨਾਲੇ॥		Gur Kaa Bachan Basai Jeea Naalae ||	The Guru's Word abides with my soul.	ਹੇ ਭਾਈ! (ਪਰਮਾਤਮਾ ਦੀ ਸਿਫ਼ਤ-ਸਾਲਾਹ ਨਾਲ ਭਰਪੂਰ) ਗੁਰੂ ਦਾ ਸ਼ਬਦ ਮੇਰੀ ਜਿੰਦ ਦੇ ਨਾਲ ਵੱਸਦਾ ਹੈ।
29460	679	ਜਲਿ ਨਹੀ ਡੂਬੈ ਤਸਕਰੁ ਨਹੀ ਲੇਵੈ ਭਾਹਿ ਨ ਸਾਕੈ ਜਾਲੇ॥੧॥ਰਹਾਉ॥	(ਤਸਕਰੁ) ਚੋਰ	Jal Nehee Ddoobai Thasakar Nehee Laevai Bhaahi N Saakai Jaalae ||1|| Rehaao ||	It does not sink in water; thieves cannot steal it, and fire cannot burn it. ||1||Pause||	(ਪਰਮਾਤਮਾ ਦਾ ਨਾਮ ਇਕ ਐਸਾ ਧਨ ਹੈ, ਜੇਹੜਾ ਪਾਣੀ ਵਿਚ ਡੁੱਬਦਾ ਨਹੀਂ, ਜਿਸ ਨੂੰ ਚੋਰ ਚੁਰਾ ਨਹੀਂ ਸਕਦਾ, ਜਿਸ ਨੂੰ ਅੱਗ ਸਾੜ ਨਹੀਂ ਸਕਦੀ ॥੧॥ ਰਹਾਉ ॥
29461	679	ਨਿਰਧਨ ਕਉ ਧਨੁ ਅੰਧੁਲੇ ਕਉ ਟਿਕ ਮਾਤ ਦੂਧੁ ਜੈਸੇ ਬਾਲੇ॥	ਟਿਕ:ਪੋਲਾ ਬੋਲੋ।ਬੱਾਲੇ	Niradhhan Ko Dhhan Andhhulae Ko Ttik Maath Dhoodhh Jaisae Baalae ||	It is like wealth to the poor, a cane for the blind, and mother's milk for the infant.	ਹੇ ਭਾਈ! ਪਰਮਾਤਮਾ ਦਾ ਨਾਮ ਕੰਗਾਲ ਵਾਸਤੇ ਧਨ ਹੈ, ਅੰਨ੍ਹੇ ਵਾਸਤੇ ਡੰਗੋਰੀ ਹੈ, ਜਿਵੇਂ ਬੱਚੇ ਵਾਸਤੇ ਮਾਂ ਦਾ ਦੁੱਧ ਹੈ (ਤਿਵੇਂ ਹਰਿ-ਨਾਮ ਮਨੁੱਖ ਦੀ ਆਤਮਾ ਵਾਸਤੇ ਹੈ)।
29462	679	ਸਾਗਰ ਮਹਿ ਬੋਹਿਥੁ ਪਾਇਓ ਹਰਿ ਨਾਨਕ ਕਰੀ ਕ੍ਰਿਪਾ ਕਿਰਪਾਲੇ॥੨॥੧॥੩੨॥		Saagar Mehi Bohithh Paaeiou Har Naanak Karee Kirapaa Kirapaalae ||2||1||32||	In the ocean of the world, I have found the boat of the Lord; the Merciful Lord has bestowed His Mercy upon Nanak. ||2||1||32||	ਹੇ ਨਾਨਕ! ਜਿਸ ਮਨੁੱਖ ਉਤੇ ਕਿਰਪਾਲ ਪ੍ਰਭੂ ਨੇ ਕਿਰਪਾ ਕੀਤੀ, ਉਸ ਨੂੰ (ਇਹ ਨਾਮ) ਮਿਲ ਗਿਆ (ਜੋ) ਸਮੁੰਦਰ ਵਿਚ ਜਹਾਜ਼ ਹੈ ॥੨॥੧॥੩੨॥
29463	679	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29464	679	ਭਏ ਕ੍ਰਿਪਾਲ ਦਇਆਲ ਗੋਬਿੰਦਾ ਅੰਮ੍ਰਿਤੁ ਰਿਦੈ ਸਿੰਚਾਈ॥		Bheae Kirapaal Dhaeiaal Gobindhaa Anmrith Ridhai Sinchaaee ||	The Lord of the Universe has become kind and merciful; His Ambrosial Nectar permeates my heart.	ਹੇ ਭਾਈ! ਪ੍ਰਭੂ ਜੀ ਆਪਣੇ ਸੇਵਕਾਂ ਉਤੇ (ਸਦਾ) ਕਿਰਪਾਲ ਰਹਿੰਦੇ ਹਨ, ਦਇਆਵਾਨ ਰਹਿੰਦੇ ਹਨ। (ਜੇ ਪ੍ਰਭੂ ਦੀ ਕਿਰਪਾ ਹੋਵੇ, ਤਾਂ ਸੰਤ ਜਨਾਂ ਦੀ ਸਰਨ ਪੈ ਕੇ) ਮੈਂ ਭੀ ਆਪਣੇ ਹਿਰਦੇ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਇਕੱਠਾ ਕਰ ਸਕਾਂ।
29465	679	ਨਵ ਨਿਧਿ ਰਿਧਿ ਸਿਧਿ ਹਰਿ ਲਾਗਿ ਰਹੀ ਜਨ ਪਾਈ॥੧॥		Nav Nidhh Ridhh Sidhh Har Laag Rehee Jan Paaee ||1||	The nine treasures, riches and the miraculous spiritual powers of the Siddhas cling to the feet of the Lord's humble servant. ||1||	ਧਰਤੀ ਦੇ ਸਾਰੇ ਨੌ ਖ਼ਜ਼ਾਨੇ, ਸਾਰੀਆਂ ਕਰਾਮਾਤੀ ਤਾਕਤਾਂ, ਸੰਤ ਜਨਾਂ ਦੇ ਪੈਰਾਂ ਵਿਚ ਟਿਕੀਆਂ ਰਹਿੰਦੀਆਂ ਹਨ ॥੧॥
29466	679	ਸੰਤਨ ਕਉ ਅਨਦੁ ਸਗਲ ਹੀ ਜਾਈ॥		Santhan Ko Anadh Sagal Hee Jaaee ||	The Saints are in ecstasy everywhere.	ਹੇ ਭਾਈ! ਸੰਤ ਜਨਾਂ ਨੂੰ (ਹਰਿ-ਨਾਮ ਦੀ ਬਰਕਤਿ ਨਾਲ) ਸਭਨੀਂ ਥਾਈਂ ਆਤਮਕ ਆਨੰਦ ਬਣਿਆ ਰਹਿੰਦਾ ਹੈ।

29467	679	ਗ੍ਰਿਹਿ ਬਾਹਰਿ ਠਾਕੁਰੁ ਭਗਤਨ ਕਾ ਰਵਿ ਰਹਿਆ ਸ੍ਰਬ ਠਾਈ॥੧॥ਰਹਾਉ॥	ਗ੍ਰਿਹਿ	Grihi Baahar Thaakur Bhagathan Kaa Rav Rehiaa Srab Thaaee ||1|| Rehaao ||	Within the home, and outside as well, the Lord and Master of His devotees is totally pervading and permeating everywhere. ||1||Pause||	ਘਰ ਵਿਚ, (ਘਰੋਂ) ਬਾਹਰ (ਹਰ ਥਾਂ) ਪਰਮਾਤਮਾ ਭਗਤਾਂ ਦਾ (ਰਾਖਾ) ਹੈ। (ਭਗਤਾਂ ਨੂੰ ਪ੍ਰਭੂ) ਸਭਨੀਂ ਥਾਈਂ ਵੱਸਦਾ (ਦਿੱਸਦਾ ਹੈ) ॥੧॥ ਰਹਾਉ ॥
29468	679	ਤਾ ਕਉ ਕੋਇ ਨ ਪਹੁਚਨਹਾਰਾ ਜਾ ਕੈ ਅੰਗਿ ਗੁਸਾਈ॥		Thaa Ko Koe N Pahuchanehaaraa Jaa Kai Ang Gusaaee ||	No one can equal one who has the Lord of the Universe on his side.	ਹੇ ਭਾਈ! ਜਿਸ ਮਨੁੱਖ ਦੇ ਪੱਖ ਵਿਚ ਪਰਮਾਤਮਾ ਆਪ ਹੁੰਦਾ ਹੈ, ਉਸ ਮਨੁੱਖ ਦੀ ਕੋਈ ਹੋਰ ਮਨੁੱਖ ਬਰਾਬਰੀ ਨਹੀਂ ਕਰ ਸਕਦਾ।
29469	679	ਜਮ ਕੀ ਤ੍ਰਾਸ ਮਿਟੈ ਜਿਸੁ ਸਿਮਰਤ ਨਾਨਕ ਨਾਮੁ ਧਿਆਈ॥੨॥੨॥੩੩॥		Jam Kee Thraas Mittai Jis Simarath Naanak Naam Dhhiaaee ||2||2||33||	The fear of the Messenger of Death is eradicated, remembering Him in meditation; Nanak meditates on the Naam, the Name of the Lord. ||2||2||33||	ਹੇ ਨਾਨਕ! (ਆਖ-ਹੇ ਭਾਈ!) ਜਿਸ ਪਰਮਾਤਮਾ ਦਾ ਨਾਮ ਸਿਮਰਦਿਆਂ ਮੌਤ ਦਾ ਸਹਮ ਮੁੱਕ ਜਾਂਦਾ ਹੈ (ਆਤਮਕ ਮੌਤ ਨੇੜੇ ਨਹੀਂ ਢੁਕਦੀ), ਤੂੰ ਭੀ ਉਸ ਦਾ ਨਾਮ ਸਿਮਰਿਆ ਕਰ ॥੨॥੨॥੩੩॥
29470	679	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29471	679	ਦਰਬਵੰਤੁ ਦਰਬੁ ਦੇਖਿ ਗਰਬੈ ਭੂਮਵੰਤੁ ਅਭਿਮਾਨੀ॥	(ਦਰਬੁ) ਧਨ	Dharabavanth Dharab Dhaekh Garabai Bhoomavanth Abhimaanee ||	The rich man gazes upon his riches, and is proud of himself; the landlord takes pride in his lands.	(ਹੇ ਭਾਈ! ਧਨੀ ਮਨੁੱਖ ਨੂੰ ਧਨ ਦਾ ਆਸਰਾ ਹੁੰਦਾ ਹੈ, ਪਰ) ਧਨੀ ਮਨੁੱਖ ਧਨ ਨੂੰ ਵੇਖ ਕੇ ਅਹੰਕਾਰ ਕਰਨ ਲੱਗ ਪੈਂਦਾ ਹੈ। (ਜ਼ਿਮੀਂ ਦੇ ਮਾਲਕ ਨੂੰ ਜ਼ਿਮੀਂ ਦਾ ਸਹਾਰਾ ਹੁੰਦਾ ਹੈ, ਪਰ) ਜ਼ਿਮੀਂ ਦਾ ਮਾਲਕ (ਆਪਣੀ ਜ਼ਿਮੀਂ ਵੇਖ ਕੇ) ਅਹੰਕਾਰੀ ਹੋ ਜਾਂਦਾ ਹੈ।
29472	679	ਰਾਜਾ ਜਾਨੈ ਸਗਲ ਰਾਜੁ ਹਮਰਾ ਤਿਉ ਹਰਿ ਜਨ ਟੇਕ ਸੁਆਮੀ॥੧॥		Raajaa Jaanai Sagal Raaj Hamaraa Thio Har Jan Ttaek Suaamee ||1||	The king believes that the whole kingdom belongs to him; in the same way, the humble servant of the Lord looks upon the support of his Lord and Master. ||1||	ਰਾਜਾ ਸਮਝਦਾ ਹੈ ਸਾਰਾ ਦੇਸ ਮੇਰਾ ਹੀ ਰਾਜ ਹੈ (ਰਾਜੇ ਨੂੰ ਰਾਜ ਦਾ ਸਹਾਰਾ ਹੈ, ਪਰ ਰਾਜ ਦਾ ਅਹੰਕਾਰ ਭੀ ਹੈ)। ਇਸੇ ਤਰ੍ਹਾਂ ਪਰਮਾਤਮਾ ਦੇ ਸੇਵਕ ਨੂੰ ਮਾਲਕ-ਪ੍ਰਭੂ ਦਾ ਆਸਰਾ ਹੈ (ਪਰ ਉਸ ਨੂੰ ਕੋਈ ਅਹੰਕਾਰ ਨਹੀਂ) ॥੧॥
29473	679	ਜੇ ਕੋਊ ਅਪੁਨੀ ਓਟ ਸਮਾਰੈ॥		Jae Kooo Apunee Outt Samaarai ||	When one considers the Lord to be his only support,	ਜੇ ਕੋਈ ਮਨੁੱਖ ਆਪਣੀ ਅਸਲੀ ਓਟ (ਪਰਮਾਤਮਾ) ਨੂੰ ਆਪਣੇ ਹਿਰਦੇ ਵਿਚ ਟਿਕਾਈ ਰੱਖੇ, ਤਾਂ ਉਹ (ਅਹੰਕਾਰ ਆਦਿਕ ਦੇ ਮੁਕਾਬਲੇ ਤੇ) ਆਪਣਾ ਹੌਸਲਾ ਨਹੀਂ ਹਾਰਦਾ,

29474	679	ਜੈਸਾ ਬਿਤੁ ਤੈਸਾ ਹੋਇ ਵਰਤੈ ਅਪੁਨਾ ਬਲੁ ਨਹੀ ਹਾਰੈ॥੧॥ਰਹਾਉ॥	(ਬਿਤੁ) ਬਲ	Jaisaa Bith Thaisaa Hoe Varathai Apunaa Bal Nehee Haarai ||1|| Rehaao ||	Then the Lord uses His power to help him; this power cannot be defeated. ||1||Pause||	(ਕਿਉਂਕਿ) ਉਹ ਮਨੁੱਖ ਆਪਣੇ ਵਿਤ ਅਨੁਸਾਰ ਵਰਤਦਾ ਹੈ (ਵਿਤੋਂ ਬਾਹਰਾ ਨਹੀਂ ਹੁੰਦਾ, ਅਹੰਕਾਰ ਵਿਚ ਨਹੀਂ ਆਉਂਦਾ, ਮਨੁੱਖਤਾ ਤੋਂ ਨਹੀਂ ਡਿੱਗਦਾ) ॥੧॥ ਰਹਾਉ ॥
29475	679	ਆਨ ਤਿਆਗਿ ਭਏ ਇਕ ਆਸਰ ਸਰਣਿ ਸਰਣਿ ਕਰਿ ਆਏ॥	(ਆਸਰ) ਆਸਰੇ	Aan Thiaag Bheae Eik Aasar Saran Saran Kar Aaeae ||	Renouncing all others, I have sought the Support of the One Lord; I have come to Him, pleading, ""Save me, save me!""	ਜੇਹੜੇ ਮਨੁੱਖ ਹੋਰ ਸਾਰੇ (ਧਨ ਭੁਇਂ ਰਾਜ ਆਦਿਕ ਦੇ) ਆਸਰੇ ਛੱਡ ਕੇ ਇਕ ਪ੍ਰਭੂ ਦਾ ਆਸਰਾ ਰੱਖਣ ਵਾਲੇ ਬਣ ਜਾਂਦੇ ਹਨ, ਜੇਹੜੇ ਇਹ ਆਖ ਕੇ ਪ੍ਰਭੂ ਦੇ ਦਰ ਤੇ ਆ ਜਾਂਦੇ ਹਨ ਕਿ, ਹੇ ਪ੍ਰਭੂ! ਅਸੀਂ ਤੇਰੀ ਸਰਨ ਆਏ ਹਾਂ,
29476	679	ਸੰਤ ਅਨੁਗ੍ਰਹ ਭਏ ਮਨ ਨਿਰਮਲ ਨਾਨਕ ਹਰਿ ਗੁਨ ਗਾਏ॥੨॥੩॥੩੪॥	(ਅ-ਨੁੱਗ੍ਰਹ) ਕ੍ਰਿਪਾ	Santh Anugreh Bheae Man Niramal Naanak Har Gun Gaaeae ||2||3||34||	By the kindness and the Grace of the Saints, my mind has been purified; Nanak sings the Glorious Praises of the Lord. ||2||3||34||	ਹੇ ਨਾਨਕ! ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਗੁਣ ਗਾ ਗਾ ਕੇ ਉਹਨਾਂ ਦੇ ਮਨ ਪਵਿਤ੍ਰ ਹੋ ਜਾਂਦੇ ਹਨ ॥੨॥੩॥੩੪॥
29477	679	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29478	679	ਜਾ ਕਉ ਹਰਿ ਰੰਗੁ ਲਾਗੋ ਇਸੁ ਜੁਗ ਮਹਿ ਸੋ ਕਹੀਅਤ ਹੈ ਸੂਰਾ॥		Jaa Ko Har Rang Laago Eis Jug Mehi So Keheeath Hai Sooraa ||	He alone is called a warrior, who is attached to the Lord's Love in this age.	ਹੇ ਭਾਈ! ਇਸ ਜਗਤ ਵਿਚ ਉਹ ਮਨੁੱਖ ਸੂਰਮਾ ਆਖਿਆ ਜਾਂਦਾ ਹੈ ਜਿਸ ਨੂੰ (ਜਿਸ ਦੇ ਹਿਰਦੇ ਵਿਚ) ਪ੍ਰਭੂ ਦਾ ਪਿਆਰ ਪੈਦਾ ਹੋ ਜਾਂਦਾ ਹੈ।
29479	679	ਆਤਮ ਜਿਣੈ ਸਗਲ ਵਸਿ ਤਾ ਕੈ ਜਾ ਕਾ ਸਤਿਗੁਰੁ ਪੂਰਾ॥੧॥		Aatham Jinai Sagal Vas Thaa Kai Jaa Kaa Sathigur Pooraa ||1||	Through the Perfect True Guru, he conquers his own soul, and then everything comes under his control. ||1||	ਪੂਰਾ ਗੁਰੂ ਜਿਸ ਮਨੁੱਖ ਦਾ (ਮਦਦਗਾਰ ਬਣ ਜਾਂਦਾ) ਹੈ, ਉਹ ਮਨੁੱਖ ਆਪਣੇ ਮਨ ਨੂੰ ਜਿੱਤ ਲੈਂਦਾ ਹੈ, ਸਾਰੀ (ਸ੍ਰਿਸ਼ਟੀ) ਉਸ ਦੇ ਵੱਸ ਵਿਚ ਆ ਜਾਂਦੀ ਹੈ (ਦੁਨੀਆ ਦਾ ਕੋਈ ਪਦਾਰਥ ਉਸ ਨੂੰ ਮੋਹ ਨਹੀਂ ਸਕਦਾ) ॥੧॥
29480	680	ਠਾਕੁਰੁ ਗਾਈਐ ਆਤਮ ਰੰਗਿ॥		Thaakur Gaaeeai Aatham Rang ||	Sing the Praises of the Lord and Master, with the love of your soul.	ਹੇ ਭਾਈ! ਦਿਲ ਦੇ ਪਿਆਰ ਨਾਲ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ।
29481	680	ਸਰਣੀ ਪਾਵਨ ਨਾਮ ਧਿਆਵਨ ਸਹਜਿ ਸਮਾਵਨ ਸੰਗਿ॥੧॥ਰਹਾਉ॥		Saranee Paavan Naam Dhhiaavan Sehaj Samaavan Sang ||1|| Rehaao ||	Those who seek His Sanctuary, and meditate on the Naam, the Name of the Lord, are blended with the Lord in celestial peace. ||1||Pause||	ਉਸ ਪਰਮਾਤਮਾ ਦੀ ਸਰਨ ਵਿਚ ਟਿਕੇ ਰਹਿਣਾ, ਉਸ ਦਾ ਨਾਮ ਸਿਮਰਨਾ-ਇਸ ਤਰੀਕੇ ਨਾਲ ਆਤਮਕ ਅਡੋਲਤਾ ਵਿਚ ਟਿਕ ਕੇ ਉਸ ਵਿਚ ਲੀਨ ਹੋ ਜਾਈਦਾ ਹੈ ॥੧॥ ਰਹਾਉ ॥

29482	680	ਜਨ ਕੇ ਚਰਨ ਵਸਹਿ ਮੇਰੈ ਹੀਅਰੈ ਸੰਗਿ ਪੁਨੀਤਾ ਦੇਹੀ॥		Jan Kae Charan Vasehi Maerai Heearai Sang Puneethaa Dhaehee ||	The feet of the Lord's humble servant abide in my heart; with them, my body is made pure.	ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਜੇ ਤੇਰੇ ਦਾਸਾਂ ਦੇ ਚਰਨ ਮੇਰੇ ਹਿਰਦੇ ਵਿਚ ਵੱਸ ਪੈਣ, ਤਾਂ ਉਹਨਾਂ ਦੀ ਸੰਗਤਿ ਵਿਚ ਮੇਰਾ ਸਰੀਰ ਪਵਿਤ੍ਰ ਹੋ ਜਾਏ।
29483	680	ਜਨ ਕੀ ਧੂਰਿ ਦੇਹੁ ਕਿਰਪਾ ਨਿਧਿ ਨਾਨਕ ਕੈ ਸੁਖੁ ਏਹੀ॥੨॥੪॥੩੫॥		Jan Kee Dhhoor Dhaehu Kirapaa Nidhh Naanak Kai Sukh Eaehee ||2||4||35||	O treasure of mercy, please bless Nanak with the dust of the feet of Your humble servants; this alone brings peace. ||2||4||35||	(ਮੇਹਰ ਕਰ, ਮੈਨੂੰ) ਆਪਣੇ ਦਾਸਾਂ ਦੇ ਚਰਨਾਂ ਦੀ ਧੂੜ ਬਖ਼ਸ਼, ਮੈਂ ਨਾਨਕ ਵਾਸਤੇ (ਸਭ ਤੋਂ ਵੱਡਾ) ਇਹੀ ਸੁਖ ਹੈ ॥੨॥੪॥੩੫॥
29484	680	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29485	680	ਜਤਨ ਕਰੈ ਮਾਨੁਖ ਡਹਕਾਵੈ ਓਹੁ ਅੰਤਰਜਾਮੀ ਜਾਨੈ॥	(ਡਹਕਾਵੈ) ਧੋਖਾ ਦੇਣਾ	Jathan Karai Maanukh Ddehakaavai Ouhu Antharajaamee Jaanai ||	People try to deceive others, but the Inner-knower, the Searcher of hearts, knows everything.	ਹੇ ਭਾਈ! (ਲਾਲਚੀ ਮਨੁੱਖ) ਅਨੇਕਾਂ ਜਤਨ ਕਰਦਾ ਹੈ, ਲੋਕਾਂ ਨੂੰ ਧੋਖਾ ਦੇਂਦਾ ਹੈ, ਪਰ ਸਭ ਦੇ ਦਿਲ ਦੀ ਜਾਣਨ ਵਾਲਾ ਉਹ ਪਰਮਾਤਮਾ (ਸਭ ਕੁਝ) ਜਾਣਦਾ ਹੈ।
29486	680	ਪਾਪ ਕਰੇ ਕਰਿ ਮੂਕਰਿ ਪਾਵੈ ਭੇਖ ਕਰੈ ਨਿਰਬਾਨੈ॥੧॥	(ਨਿਰਬਾਨੈ) ਤਿਆਗੀ	Paap Karae Kar Mookar Paavai Bhaekh Karai Nirabaanai ||1||	They commit sins, and then deny them, while they pretend to be in Nirvaanaa. ||1||	(ਹਾਲਾਂਕਿ ਉਹ) ਵਿਰਕਤਾਂ ਵਾਲੇ ਧਾਰਮਿਕ ਪਹਿਰਾਵੇ ਬਣਾਈ ਰੱਖਦਾ ਹੈ, ਪਾਪ ਕਰ ਕੇ (ਫਿਰ ਉਹਨਾਂ ਪਾਪਾਂ ਤੋਂ) ਮੁੱਕਰ ਭੀ ਜਾਂਦਾ ਹੈ ॥੧॥

29487	680	ਜਾਨਤ ਦੂਰਿ ਤੁਮਹਿ ਪ੍ਰਭ ਨੇਰਿ॥		Jaanath Dhoor Thumehi Prabh Naer ||	They believe that You are far away, but You, O God, are near at hand.	ਹੇ ਪ੍ਰਭੂ! ਤੂੰ (ਸਭ ਜੀਵਾਂ ਦੇ) ਨੇੜੇ ਵੱਸਦਾ ਹੈਂ, ਪਰ (ਲਾਲਚੀ ਪਖੰਡੀ ਮਨੁੱਖ) ਤੈਨੂੰ ਦੂਰ (ਵੱਸਦਾ) ਸਮਝਦਾ ਹੈ।
29488	680	ਉਤ ਤਾਕੈ ਉਤ ਤੇ ਉਤ ਪੇਖੈ ਆਵੈ ਲੋਭੀ ਫੇਰਿ॥ਰਹਾਉ॥	(ਉਤ) ਉੱਧਰ। ਉਤ:ਪੋਲਾ ਬੋਲੋ। ਤੱਾਕੈ	Outh Thaakai Outh Thae Outh Paekhai Aavai Lobhee Faer || Rehaao ||	Looking around, this way and that, the greedy people come and go. ||Pause||	ਲਾਲਚੀ ਮਨੁੱਖ (ਲਾਲਚ ਦੇ) ਗੇੜ ਵਿਚ ਫਸਿਆ ਰਹਿੰਦਾ ਹੈ, (ਮਾਇਆ ਦੀ ਖ਼ਾਤਰ) ਉੱਧਰ ਤੱਕਦਾ ਹੈ, ਉੱਧਰ ਤੋਂ ਉੱਧਰ ਤੱਕਦਾ ਹੈ (ਉਸ ਦਾ ਮਨ ਟਿਕਦਾ ਨਹੀਂ) ਰਹਾਉ॥
29489	680	ਜਬ ਲਗੁ ਤੁਟੈ ਨਾਹੀ ਮਨ ਭਰਮਾ ਤਬ ਲਗੁ ਮੁਕਤੁ ਨ ਕੋਈ॥		Jab Lag Thuttai Naahee Man Bharamaa Thab Lag Mukath N Koee ||	As long as the doubts of the mind are not removed, liberation is not found.	ਹੇ ਭਾਈ! ਜਦੋਂ ਤਕ ਮਨੁੱਖ ਦੇ ਮਨ ਦੀ (ਮਾਇਆ ਵਾਲੀ) ਭਟਕਣਾ ਦੂਰ ਨਹੀਂ ਹੁੰਦੀ, ਇਹ (ਲਾਲਚ ਦੇ ਪੰਜੇ ਤੋਂ) ਆਜ਼ਾਦ ਨਹੀਂ ਹੋ ਸਕਦਾ।
29490	680	ਕਹੁ ਨਾਨਕ ਦਇਆਲ ਸੁਆਮੀ ਸੰਤੁ ਭਗਤੁ ਜਨੁ ਸੋਈ॥੨॥੫॥੩੬॥		Kahu Naanak Dhaeiaal Suaamee Santh Bhagath Jan Soee ||2||5||36||	Says Nanak, he alone is a Saint, a devotee, and a humble servant of the Lord, to whom the Lord and Master is merciful. ||2||5||36||	ਨਾਨਕ ਆਖਦਾ ਹੈ- (ਪਹਿਰਾਵਿਆਂ ਨਾਲ ਭਗਤ ਨਹੀਂ ਬਣ ਜਾਈਦਾ) ਜਿਸ ਮਨੁੱਖ ਉਤੇ ਮਾਲਕ-ਪ੍ਰਭੂ ਦਇਆਵਾਨ ਹੁੰਦਾ ਹੈ (ਤੇ, ਉਸ ਨੂੰ ਨਾਮ ਦੀ ਦਾਤਿ ਦੇਂਦਾ ਹੈ) ਉਹੀ ਮਨੁੱਖ ਸੰਤ ਹੈ ਭਗਤ ਹੈ ॥੨॥੫॥੩੬॥
29491	680	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29492	680	ਨਾਮੁ ਗੁਰਿ ਦੀਓ ਹੈ ਅਪੁਨੈ ਜਾ ਕੈ ਮਸਤਕਿ ਕਰਮਾ॥		Naam Gur Dheeou Hai Apunai Jaa Kai Masathak Karamaa ||	My Guru gives the Naam, the Name of the Lord, to those who have such karma written on their foreheads.	ਹੇ ਭਾਈ! ਜਿਸ ਮਨੁੱਖ ਦੇ ਮੱਥੇ ਉਤੇ ਭਾਗ (ਜਾਗ ਪਏ) ਉਸ ਨੂੰ ਪਿਆਰੇ ਗੁਰੂ ਨੇ ਪਰਮਾਤਮਾ ਦਾ ਨਾਮ ਦੇ ਦਿੱਤਾ।
29493	680	ਨਾਮੁ ਦ੍ਰਿੜਾਵੈ ਨਾਮੁ ਜਪਾਵੈ ਤਾ ਕਾ ਜੁਗ ਮਹਿ ਧਰਮਾ॥੧॥		Naam Dhrirraavai Naam Japaavai Thaa Kaa Jug Mehi Dhharamaa ||1||	He implants the Naam, and inspires us to chant the Naam; this is Dharma, true religion, in this world. ||1||	ਉਸ ਮਨੁੱਖ ਦਾ (ਫਿਰ) ਸਦਾ ਦਾ ਕੰਮ ਹੀ ਜਗਤ ਵਿਚ ਇਹ ਬਣ ਜਾਂਦਾ ਹੈ ਕਿ ਉਹ ਹੋਰਨਾਂ ਨੂੰ ਹਰਿ-ਨਾਮ ਦ੍ਰਿੜ੍ਹ ਕਰਾਂਦਾ ਹੈ ਜਪਾਂਦਾ ਹੈ (ਜਪਣ ਲਈ ਪ੍ਰੇਰਨਾ ਕਰਦਾ ਹੈ) ॥੧॥
29494	680	ਜਨ ਕਉ ਨਾਮੁ ਵਡਾਈ ਸੋਭ॥		Jan Ko Naam Vaddaaee Sobh ||	The Naam is the glory and greatness of the Lord's humble servant.	ਹੇ ਭਾਈ! ਪਰਮਾਤਮਾ ਦੇ ਸੇਵਕ ਦੇ ਵਾਸਤੇ ਪਰਮਾਤਮਾ ਦਾ ਨਾਮ (ਹੀ) ਵਡਿਆਈ ਹੈ ਨਾਮ ਹੀ ਸੋਭਾ ਹੈ।
29495	680	ਨਾਮੋ ਗਤਿ ਨਾਮੋ ਪਤਿ ਜਨ ਕੀ ਮਾਨੈ ਜੋ ਜੋ ਹੋਗ॥੧॥ਰਹਾਉ॥		Naamo Gath Naamo Path Jan Kee Maanai Jo Jo Hog ||1|| Rehaao ||	The Naam is his salvation, and the Naam is his honor; he accepts whatever comes to pass. ||1||Pause||	ਹਰਿ-ਨਾਮ ਹੀ ਉਸ ਦੀ ਉੱਚੀ ਆਤਮਕ ਅਵਸਥਾ ਹੈ, ਨਾਮ ਹੀ ਉਸ ਦੀ ਇੱਜ਼ਤ ਹੈ। ਜੋ ਕੁਝ ਪਰਮਾਤਮਾ ਦੀ ਰਜ਼ਾ ਵਿਚ ਹੁੰਦਾ ਹੈ, ਸੇਵਕ ਉਸ ਨੂੰ (ਸਿਰ-ਮੱਥੇ ਤੇ) ਮੰਨਦਾ ਹੈ ॥੧॥ ਰਹਾਉ ॥
29496	680	ਨਾਮ ਧਨੁ ਜਿਸੁ ਜਨ ਕੈ ਪਾਲੈ ਸੋਈ ਪੂਰਾ ਸਾਹਾ॥		Naam Dhhan Jis Jan Kai Paalai Soee Pooraa Saahaa ||	That humble servant, who has the Naam as his wealth, is the perfect banker.	ਪਰਮਾਤਮਾ ਦਾ ਨਾਮ-ਧਨ ਜਿਸ ਮਨੁੱਖ ਦੇ ਪਾਸ ਹੈ, ਉਹੀ ਪੂਰਾ ਸਾਹੂਕਾਰ ਹੈ।

29497	680	ਨਾਮੁ ਬਿਉਹਾਰਾ ਨਾਨਕ ਆਧਾਰਾ ਨਾਮੁ ਪਰਾਪਤਿ ਲਾਹਾ॥੨॥੬॥੩੭॥		Naam Biouhaaraa Naanak Aadhhaaraa Naam Paraapath Laahaa ||2||6||37||	The Naam is his occupation, O Nanak, and his only support; the Naam is the profit he earns. ||2||6||37||	ਹੇ ਨਾਨਕ! ਉਹ ਮਨੁੱਖ ਹਰਿ-ਨਾਮ ਸਿਮਰਨ ਨੂੰ ਹੀ ਆਪਣਾ ਅਸਲੀ ਵਿਹਾਰ ਸਮਝਦਾ ਹੈ, ਨਾਮ ਦਾ ਹੀ ਉਸ ਨੂੰ ਆਸਰਾ ਰਹਿੰਦਾ ਹੈ, ਨਾਮ ਦੀ ਹੀ ਉਹ ਖੱਟੀ ਖੱਟਦਾ ਹੈ ॥੨॥੬॥੩੭॥
29498	680	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29499	680	ਨੇਤ੍ਰ ਪੁਨੀਤ ਭਏ ਦਰਸ ਪੇਖੇ ਮਾਥੈ ਪਰਉ ਰਵਾਲ॥		Naethr Puneeth Bheae Dharas Paekhae Maathhai Paro Ravaal ||	My eyes have been purified, gazing upon the Blessed Vision of the Lord's Darshan, and touching my forehead to the dust of His feet.	ਹੇ ਪ੍ਰਭੂ! ਤੇਰਾ ਦਰਸਨ ਕਰ ਕੇ ਅੱਖਾਂ ਪਵਿੱਤ੍ਰ ਹੋ ਜਾਂਦੀਆਂ ਹਨ (ਵਿਕਾਰਾਂ ਵੱਲੋਂ ਹਟ ਜਾਂਦੀਆਂ ਹਨ। ਮੇਰੇ ਉੱਤੇ ਅਜਿਹੀ ਕ੍ਰਿਪਾ ਕਰੋ ਕਿ) ਮੇਰੇ ਮੱਥੇ ਉੱਤੇ ਤੇਰੀ ਚਰਨ-ਧੂੜ ਟਿਕੀ ਰਹੇ।
29500	680	ਰਸਿ ਰਸਿ ਗੁਣ ਗਾਵਉ ਠਾਕੁਰ ਕੇ ਮੋਰੈ ਹਿਰਦੈ ਬਸਹੁ ਗੋਪਾਲ॥੧॥		Ras Ras Gun Gaavo Thaakur Kae Morai Hiradhai Basahu Gopaal ||1||	With joy and happiness, I sing the Glorious Praises of my Lord and Master; the Lord of the World abides within my heart. ||1||	ਹੇ ਸ੍ਰਿਸ਼ਟੀ ਦੇ ਪਾਲਣਹਾਰ! ਮੇਰੇ ਹਿਰਦੇ ਵਿਚ ਆ ਵੱਸ। ਮੈਂ ਬੜੇ ਸੁਆਦ ਨਾਲ ਤੇਰੇ ਗੁਣ ਗਾਂਦਾ ਰਹਾਂ ॥੧॥
29501	680	ਤੁਮ ਤਉ ਰਾਖਨਹਾਰ ਦਇਆਲ॥		Thum Tho Raakhanehaar Dhaeiaal ||	You are my Merciful Protector, Lord.	ਹੇ ਦਇਆ ਦੇ ਘਰ ਪ੍ਰਭੂ! ਤੂੰ ਤਾਂ (ਸਭ ਜੀਵਾਂ ਦੀ) ਰੱਖਿਆ ਕਰਨ ਦੀ ਸਮਰਥਾ ਵਾਲਾ ਹੈਂ।

29502	680	ਸੁੰਦਰ ਸੁਘਰ ਬੇਅੰਤ ਪਿਤਾ ਪ੍ਰਭ ਹੋਹੁ ਪ੍ਰਭੂ ਕਿਰਪਾਲ॥੧॥ਰਹਾਉ ॥		Sundhar Sughar Baeanth Pithaa Prabh Hohu Prabhoo Kirapaal ||1|| Rehaao ||	O beautiful, wise, infinite Father God, be Merciful to me, God. ||1||Pause||	ਤੂੰ ਸੋਹਣਾ ਹੈਂ, ਸਿਆਣਾ ਹੈਂ, ਬੇਅੰਤ ਹੈਂ। ਹੇ ਪਿਤਾ ਪ੍ਰਭੂ! (ਮੇਰੇ ਉੱਤੇ ਭੀ) ਦਇਆਵਾਨ ਹੋ ॥੧॥ ਰਹਾਉ ॥
29503	680	ਮਹਾ ਅਨੰਦ ਮੰਗਲ ਰੂਪ ਤੁਮਰੇ ਬਚਨ ਅਨੂਪ ਰਸਾਲ॥		Mehaa Anandh Mangal Roop Thumarae Bachan Anoop Rasaal ||	O Lord of supreme ecstasy and blissful form, Your Word is so beautiful, so drenched with Nectar.	ਹੇ ਪ੍ਰਭੂ! ਤੂੰ ਆਨੰਦ-ਸਰੂਪ ਹੈਂ, ਤੂੰ ਮੰਗਲ-ਰੂਪ ਹੈਂ (ਆਨੰਦ ਹੀ ਆਨੰਦ; ਖ਼ੁਸ਼ੀ ਹੀ ਖ਼ੁਸ਼ੀ ਤੇਰਾ ਵਜੂਦ ਹੈ। ਹੇ ਪ੍ਰਭੂ! ਤੇਰੀ ਸਿਫ਼ਤ-ਸਾਲਾਹ ਦੀ ਬਾਣੀ ਸੁੰਦਰ ਹੈ ਰਸੀਲੀ ਹੈ।
29504	680	ਹਿਰਦੈ ਚਰਣ ਸਬਦੁ ਸਤਿਗੁਰ ਕੋ ਨਾਨਕ ਬਾਂਧਿਓ ਪਾਲ॥੨॥੭॥੩੮॥	(ਪਾਲ) ਪੱਲੇ	Hiradhai Charan Sabadh Sathigur Ko Naanak Baandhhiou Paal ||2||7||38||	With the Lord's lotus feet enshrined in his heart, Nanak has tied the Shabad, the Word of the True Guru, to the hem of his robe. ||2||7||38||	ਹੇ ਨਾਨਕ! ਜਿਸ ਮਨੁੱਖ ਨੇ ਸਤਿਗੁਰੂ ਦੀ ਬਾਣੀ ਪੱਲੇ ਬੰਨ੍ਹ ਲਈ, ਉਸ ਦੇ ਹਿਰਦੇ ਵਿਚ ਪਰਮਾਤਮਾ ਦੇ ਚਰਨ ਵੱਸੇ ਰਹਿੰਦੇ ਹਨ ॥੨॥੭॥੩੮॥
29505	680	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29506	680	ਅਪਨੀ ਉਕਤਿ ਖਲਾਵੈ ਭੋਜਨ ਅਪਨੀ ਉਕਤਿ ਖੇਲਾਵੈ॥	(ਉਕਤਿ) ਢੰਗ	Apanee Oukath Khalaavai Bhojan Apanee Oukath Khaelaavai ||	In His own way, He provides us with our food; in His own way, He plays with us.	ਹੇ ਭਾਈ! ਪਰਮਾਤਮਾ ਆਪਣੇ ਹੀ ਢੰਗ ਨਾਲ ਜੀਵਾਂ ਨੂੰ ਖਾਣ-ਪੀਣ ਲਈ ਦੇਂਦਾ ਹੈ, ਆਪਣੇ ਹੀ ਢੰਗ ਨਾਲ ਜੀਵਾਂ ਨੂੰ ਖੇਡਾਂ ਵਿਚ ਪਰਚਾਈ ਰੱਖਦਾ ਹੈ।
29507	680	ਸਰਬ ਸੂਖ ਭੋਗ ਰਸ ਦੇਵੈ ਮਨ ਹੀ ਨਾਲਿ ਸਮਾਵੈ॥੧॥		Sarab Sookh Bhog Ras Dhaevai Man Hee Naal Samaavai ||1||	He blesses us with all comforts, enjoyments and delicacies, and he permeates our minds. ||1||	(ਆਪਣੇ ਹੀ ਢੰਗ ਨਾਲ ਜੀਵਾਂ ਨੂੰ) ਸਾਰੇ ਸੁਖ ਦੇਂਦਾ ਹੈ, ਸਾਰੇ ਸੁਆਦਲੇ ਪਦਾਰਥ ਦੇਂਦਾ ਹੈ, ਤੇ, ਸਦਾ ਸਭ ਦੇ ਅੰਗ-ਸੰਗ ਟਿਕਿਆ ਰਹਿੰਦਾ ਹੈ ॥੧॥
29508	680	ਹਮਰੇ ਪਿਤਾ ਗੋਪਾਲ ਦਇਆਲ॥		Hamarae Pithaa Gopaal Dhaeiaal ||	Our Father is the Lord of the World, the Merciful Lord.	ਹੇ ਦਇਆ ਦੇ ਘਰ! ਹੇ ਸ੍ਰਿਸ਼ਟੀ ਦੇ ਪਾਲਣਹਾਰ! ਹੇ ਸਾਡੇ ਪਿਤਾ ਪ੍ਰਭੂ!
29509	680	ਜਿਉ ਰਾਖੈ ਮਹਤਾਰੀ ਬਾਰਿਕ ਕਉ ਤੈਸੇ ਹੀ ਪ੍ਰਭ ਪਾਲ॥੧॥ਰਹਾਉ॥		Jio Raakhai Mehathaaree Baarik Ko Thaisae Hee Prabh Paal ||1|| Rehaao ||	Just as the mother protects her children, God nurtures and cares for us. ||1||Pause||	ਜਿਵੇਂ ਮਾਂ ਆਪਣੇ ਬੱਚੇ ਦੀ ਪਾਲਣਾ ਕਰਦੀ ਹੈ ਤਿਵੇਂ ਹੀ ਤੂੰ ਸਾਨੂੰ ਜੀਵਾਂ ਨੂੰ ਪਾਲਣ ਵਾਲਾ ਹੈਂ ॥੧॥ ਰਹਾਉ ॥
29510	680	ਮੀਤ ਸਾਜਨ ਸਰਬ ਗੁਣ ਨਾਇਕ ਸਦਾ ਸਲਾਮਤਿ ਦੇਵਾ॥		Meeth Saajan Sarab Gun Naaeik Sadhaa Salaamath Dhaevaa ||	You are my friend and companion, the Master of all excellences, O eternal and permanent Divine Lord.	ਹੇ ਪ੍ਰਕਾਸ਼-ਰੂਪ ਪ੍ਰਭੂ! ਤੂੰ ਸਾਡਾ ਮਿੱਤਰ ਹੈਂ, ਸਜਣ ਹੈਂ, ਸਾਰੇ ਗੁਣਾਂ ਦਾ ਮਾਲਕ ਹੈਂ, ਸਭ ਦੀ ਜੀਵਨ ਅਗਵਾਈ ਕਰਨ ਵਾਲਾ ਹੈਂ; ਸਦਾ ਜੀਊਂਦਾ ਹੈਂ;

29511	680	ਈਤ ਊਤ ਜਤ ਕਤ ਤਤ ਤੁਮ ਹੀ ਮਿਲੈ ਨਾਨਕ ਸੰਤ ਸੇਵਾ॥੨॥੮॥੩੯॥	ਜਤ,ਕਤ,ਤਤ:ਪੋਲ ਬੋਲੋ	Eeth Ooth Jath Kath Thath Thum Hee Milai Naanak Santh Saevaa ||2||8||39||	Here, there and everywhere, You are pervading; please, bless Nanak to serve the Saints. ||2||8||39||	ਤੂੰ ਹਰ ਥਾਂ ਇਸ ਲੋਕ ਵਿਚ ਪਰਲੋਕ ਵਿਚ ਮੌਜੂਦ ਹੈਂ। ਹੇ ਨਾਨਕ! (ਆਖ-ਹੇ ਭਾਈ!) ਗੁਰੂ ਦੀ ਸਰਨ ਪਿਆਂ ਉਹ ਪ੍ਰਭੂ ਮਿਲਦਾ ਹੈ ॥੨॥੮॥੩੯॥
29512	680	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29513	680	ਸੰਤ ਕ੍ਰਿਪਾਲ ਦਇਆਲ ਦਮੋਦਰ ਕਾਮ ਕ੍ਰੋਧ ਬਿਖੁ ਜਾਰੇ॥		Santh Kirapaal Dhaeiaal Dhamodhar Kaam Krodhh Bikh Jaarae ||	The Saints are kind and compassionate; they burn away their sexual desire, anger and corruption.	ਹੇ ਭਾਈ! (ਆਪਣੇ ਮਨ ਵਿਚ ਹਿਰਦੇ ਵਿਚ ਪਰਮਾਤਮਾ ਦਾ ਪਿਆਰ ਸਦਾ ਟਿਕਾਈ ਰੱਖਣ ਵਾਲੇ) ਸੰਤ ਜਨ ਕਿਰਪਾ ਦੇ ਸੋਮੇ ਦਇਆ ਦੇ ਸੋਮੇ ਪਰਮਾਤਮਾ (ਦਾ ਰੂਪ ਹਨ); ਉਹ ਆਪਣੇ ਅੰਦਰੋਂ ਕਾਮ ਕ੍ਰੋਧ (ਆਦਿਕ ਵਿਕਾਰਾਂ ਦਾ) ਜ਼ਹਰ ਸਾੜ ਲੈਂਦੇ ਹਨ।
29514	680	ਰਾਜੁ ਮਾਲੁ ਜੋਬਨੁ ਤਨੁ ਜੀਅਰਾ ਇਨ ਊਪਰਿ ਲੈ ਬਾਰੇ॥੧॥		Raaj Maal Joban Than Jeearaa Ein Oopar Lai Baarae ||1||	My power, wealth, youth, body and soul are a sacrifice to them. ||1||	ਅਜੇਹੇ ਸੰਤਾਂ ਤੋਂ ਰਾਜ ਮਾਲ ਜੁਆਨੀ ਸਰੀਰ ਜਿੰਦ-ਸਭ ਕੁਝ ਕੁਰਬਾਨ ਕਰ ਦੇਣਾ ਚਾਹੀਦਾ ਹੈ ॥੧॥
29515	680	ਮਨਿ ਤਨਿ ਰਾਮ ਨਾਮ ਹਿਤਕਾਰੇ॥	(ਹਿਤਕਾਰੇ) ਪ੍ਰੇਮ	Man Than Raam Naam Hithakaarae ||	With my mind and body, I love the Lord's Name.	ਹੇ ਭਾਈ! ਜਿਨ੍ਹਾਂ ਦੇ ਮਨ ਵਿਚ ਹਿਰਦੇ ਵਿਚ ਪਰਮਾਤਮਾ ਦੇ ਨਾਮ ਦਾ ਸਦਾ ਪਿਆਰ ਬਣਿਆ ਰਹਿੰਦਾ ਹੈ,

29516	680	ਸੂਖ ਸਹਜ ਆਨੰਦ ਮੰਗਲ ਸਹਿਤ ਭਵ ਨਿਧਿ ਪਾਰਿ ਉਤਾਰੇ॥ਰਹਾਉ॥		Sookh Sehaj Aanandh Mangal Sehith Bhav Nidhh Paar Outhaarae || Rehaao ||	With peace, poise, pleasure and joy, He has carried me across the terrifying world-ocean. ||Pause||	ਉਹ ਮਨੁੱਖ ਆਤਮਕ ਅਡੋਲਤਾ ਦੇ ਸੁਖ ਆਨੰਦ ਖ਼ੁਸ਼ੀਆਂ ਮਾਣਦੇ ਹਨ, (ਹੋਰਨਾਂ ਨੂੰ ਭੀ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦੇ ਹਨ ਰਹਾਉ॥
29517	681	ਧੰਨਿ ਸੁ ਥਾਨੁ ਧੰਨਿ ਓਇ ਭਵਨਾ ਜਾ ਮਹਿ ਸੰਤ ਬਸਾਰੇ॥		Dhhann S Thhaan Dhhann Oue Bhavanaa Jaa Mehi Santh Basaarae ||	Blessed is that place, and blessed is that house, in which the Saints dwell.	ਹੇ ਭਾਈ! ਉਹ ਥਾਂ ਭਾਗਾਂ ਵਾਲਾ ਹੈ, ਉਹ ਘਰ ਭਾਗਾਂ ਵਾਲੇ ਹਨ, ਜਿਨ੍ਹਾਂ ਵਿਚ ਸੰਤ ਜਨ ਵੱਸਦੇ ਹਨ।
29518	681	ਜਨ ਨਾਨਕ ਕੀ ਸਰਧਾ ਪੂਰਹੁ ਠਾਕੁਰ ਭਗਤ ਤੇਰੇ ਨਮਸਕਾਰੇ॥੨॥੯॥੪੦॥		Jan Naanak Kee Saradhhaa Poorahu Thaakur Bhagath Thaerae Namasakaarae ||2||9||40||	Fulfill this desire of servant Nanak, O Lord Master, that he may bow in reverence to Your devotees. ||2||9||40||	ਹੇ ਠਾਕੁਰ! ਦਾਸ ਨਾਨਕ ਦੀ ਤਾਂਘ ਪੂਰੀ ਕਰ, ਕਿ ਤੇਰੇ ਭਗਤਾਂ ਨੂੰ ਸਦਾ ਸਿਰ ਨਿਵਾਂਦਾ ਰਹੇ ॥੨॥੯॥੪੦॥
29519	681	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29520	681	ਛਡਾਇ ਲੀਓ ਮਹਾ ਬਲੀ ਤੇ ਅਪਨੇ ਚਰਨ ਪਰਾਤਿ॥		Shhaddaae Leeou Mehaa Balee Thae Apanae Charan Paraath ||	He has saved me from the awful power of Maya, by attaching me to His feet.	ਹੇ ਭਾਈ! (ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਗੁਰੂ ਉਸ ਨੂੰ) ਆਪਣੇ ਚਰਨੀਂ ਲਾ ਕੇ ਉਸ ਨੂੰ ਵੱਡੀ ਤਾਕਤ ਵਾਲੀ (ਮਾਇਆ) ਤੋਂ ਬਚਾ ਲੈਂਦਾ ਹੈ।
29521	681	ਏਕੁ ਨਾਮੁ ਦੀਓ ਮਨ ਮੰਤਾ ਬਿਨਸਿ ਨ ਕਤਹੂ ਜਾਤਿ॥੧॥		Eaek Naam Dheeou Man Manthaa Binas N Kathehoo Jaath ||1||	He gave my mind the Mantra of the Naam, the Name of the One Lord, which shall never perish or leave me. ||1||	ਉਸ ਦੇ ਮਨ ਵਾਸਤੇ ਗੁਰੂ ਪਰਮਾਤਮਾ ਦਾ ਨਾਮ-ਮੰਤਰ ਦੇਂਦਾ ਹੈ; ਜੋ ਨਾਹ ਨਾਸ ਹੁੰਦਾ ਹੈ ਨਾਹ ਕਿਤੇ ਗੁਆਚਦਾ ਹੈ ॥੧॥
29522	681	ਸਤਿਗੁਰਿ ਪੂਰੈ ਕੀਨੀ ਦਾਤਿ॥		Sathigur Poorai Keenee Dhaath ||	The Perfect True Guru has given this gift.	ਹੇ ਭਾਈ! ਪੂਰੇ ਗੁਰੂ ਨੇ (ਮੇਰੇ ਉਤੇ) ਬਖ਼ਸ਼ਸ਼ ਕੀਤੀ ਹੈ।
29523	681	ਹਰਿ ਹਰਿ ਨਾਮੁ ਦੀਓ ਕੀਰਤਨ ਕਉ ਭਈ ਹਮਾਰੀ ਗਾਤਿ॥ਰਹਾਉ॥		Har Har Naam Dheeou Keerathan Ko Bhee Hamaaree Gaath || Rehaao ||	He has blessed me with the Kirtan of the Praises of the Name of the Lord, Har, Har, and I am emancipated. ||Pause||	(ਗੁਰੂ ਨੇ ਮੈਨੂੰ) ਪਰਮਾਤਮਾ ਦਾ ਨਾਮ ਕੀਰਤਨ ਕਰਨ ਲਈ ਦਿੱਤਾ ਹੈ, (ਜਿਸ ਦੀ ਬਰਕਤਿ ਨਾਲ) ਮੇਰੀ ਉੱਚੀ ਆਤਮਕ ਅਵਸਥਾ ਬਣ ਗਈ ਹੈ ਰਹਾਉ॥
29524	681	ਅੰਗੀਕਾਰੁ ਕੀਓ ਪ੍ਰਭਿ ਅਪੁਨੈ ਭਗਤਨ ਕੀ ਰਾਖੀ ਪਾਤਿ॥		Angeekaar Keeou Prabh Apunai Bhagathan Kee Raakhee Paath ||	My God has made me His own, and saved the honor of His devotee.	ਹੇ ਭਾਈ! ਪ੍ਰਭੂ ਨੇ (ਸਦਾ ਹੀ) ਆਪਣੇ ਭਗਤਾਂ ਦਾ ਪੱਖ ਕੀਤਾ ਹੈ, (ਭਗਤਾਂ ਦੀ) ਲਾਜ ਰੱਖੀ ਹੈ।

29525	681	ਨਾਨਕ ਚਰਨ ਗਹੇ ਪ੍ਰਭ ਅਪਨੇ ਸੁਖੁ ਪਾਇਓ ਦਿਨ ਰਾਤਿ॥੨॥੧੦॥੪੧॥		Naanak Charan Gehae Prabh Apanae Sukh Paaeiou Dhin Raath ||2||10||41||	Nanak has grasped the feet of his God, and has found peace, day and night. ||2||10||41||	ਹੇ ਨਾਨਕ! ਜਿਸ ਮਨੁੱਖ ਨੇ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਚਰਨ ਫੜ ਲਏ ਉਸ ਨੇ ਦਿਨ ਰਾਤ ਹਰ ਵੇਲੇ ਆਤਮਕ ਆਨੰਦ ਮਾਣਿਆ ਹੈ ॥੨॥੧੦॥੪੧॥
29526	681	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29527	681	ਪਰ ਹਰਨਾ ਲੋਭੁ ਝੂਠ ਨਿੰਦ ਇਵ ਹੀ ਕਰਤ ਗੁਦਾਰੀ॥	(ਪਰ) ਪਰਾਇਆ। (ਹਰਨਾ) ਚੁਰਾਉਣਾ	Par Haranaa Lobh Jhooth Nindh Eiv Hee Karath Gudhaaree ||	Stealing the property of others, acting in greed, lying and slandering - in these ways, he passes his life.	ਹੇ ਭਾਈ! ਪਰਾਇਆ ਧਨ ਚੁਰਾਣਾ, ਲੋਭ ਕਰਨਾ; ਝੂਠ ਬੋਲਣਾ, ਨਿੰਦਿਆ ਕਰਨੀ-ਇਸੇ ਤਰ੍ਹਾਂ ਕਰਦਿਆਂ (ਸਾਕਤ ਆਪਣੀ ਉਮਰ) ਗੁਜ਼ਾਰਦਾ ਹੈ।
29528	681	ਮ੍ਰਿਗ ਤ੍ਰਿਸਨਾ ਆਸ ਮਿਥਿਆ ਮੀਠੀ ਇਹ ਟੇਕ ਮਨਹਿ ਸਾਧਾਰੀ॥੧॥		Mrig Thrisanaa Aas Mithhiaa Meethee Eih Ttaek Manehi Saadhhaaree ||1||	He places his hopes in false mirages, believing them to be sweet; this is the support he installs in his mind. ||1||	ਜਿਵੇਂ ਤਿਹਾਏ ਹਿਰਨ ਨੂੰ ਠਗ-ਨੀਰਾ ਚੰਗਾ ਲੱਗਦਾ ਹੈ, ਤਿਵੇਂ ਸਾਕਤ ਝੂਠੀਆਂ ਆਸਾਂ ਨੂੰ ਮਿੱਠੀਆਂ ਮੰਨਦਾ ਹੈ। (ਝੂਠੀਆਂ ਆਸਾਂ ਦੀ) ਟੇਕ ਨੂੰ ਆਪਣੇ ਮਨ ਵਿਚ ਥੰਮ੍ਹੀ ਬਣਾਂਦਾ ਹੈ ॥੧॥
29529	681	ਸਾਕਤ ਕੀ ਆਵਰਦਾ ਜਾਇ ਬ੍ਰਿਥਾਰੀ॥	(ਆ-ਵਰਦਾ) ਉਮਰ	Saakath Kee Aavaradhaa Jaae Brithhaaree ||	The faithless cynic passes his life uselessly.	ਹੇ ਭਾਈ! ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਦੀ ਉਮਰ ਵਿਅਰਥ ਗੁਜ਼ਰ ਜਾਂਦੀ ਹੈ,

29530	681	ਜੈਸੇ ਕਾਗਦ ਕੇ ਭਾਰ ਮੂਸਾ ਟੂਕਿ ਗਵਾਵਤ ਕਾਮਿ ਨਹੀ ਗਾਵਾਰੀ॥ਰਹਾਉ॥		Jaisae Kaagadh Kae Bhaar Moosaa Ttook Gavaavath Kaam Nehee Gaavaaree || Rehaao ||	He is like the mouse, gnawing away at the pile of paper, making it useless to the poor wretch. ||Pause||	ਜਿਵੇਂ ਕੋਈ ਚੂਹਾ ਕਾਗ਼ਜ਼ਾਂ ਦੇ ਢੇਰਾਂ ਦੇ ਢੇਰ ਟੁੱਕ ਟੁੱਕ ਕੇ ਗਵਾ ਦੇਂਦਾ ਹੈ, ਪਰ ਉਹ ਕਾਗ਼ਜ਼ ਉਸ ਮੂਰਖ ਦੇ ਕੰਮ ਨਹੀਂ ਆਉਂਦੇ ਰਹਾਉ॥
29531	681	ਕਰਿ ਕਿਰਪਾ ਪਾਰਬ੍ਰਹਮ ਸੁਆਮੀ ਇਹ ਬੰਧਨ ਛੁਟਕਾਰੀ॥		Kar Kirapaa Paarabreham Suaamee Eih Bandhhan Shhuttakaaree ||	Have mercy on me, O Supreme Lord God, and release me from these bonds.	ਹੇ ਮਾਲਕ-ਪ੍ਰਭੂ! ਤੂੰ ਆਪ ਹੀ ਕਿਰਪਾ ਕਰ ਕੇ (ਮਾਇਆ ਦੇ) ਇਹਨਾਂ ਬੰਧਨਾਂ ਤੋਂ ਛੁਡਾਂਦਾ ਹੈਂ।
29532	681	ਬੂਡਤ ਅੰਧ ਨਾਨਕ ਪ੍ਰਭ ਕਾਢਤ ਸਾਧ ਜਨਾ ਸੰਗਾਰੀ॥੨॥੧੧॥੪੨॥		Booddath Andhh Naanak Prabh Kaadtath Saadhh Janaa Sangaaree ||2||11||42||	The blind are sinking, O Nanak; God saves them, uniting them with the Saadh Sangat, the Company of the Holy. ||2||11||42||	ਹੇ ਨਾਨਕ! (ਆਖ-) ਹੇ ਪ੍ਰਭੂ! ਮਾਇਆ ਦੇ ਮੋਹ ਵਿਚ ਅੰਨ੍ਹੇ ਹੋ ਚੁਕੇ ਮਨੁੱਖਾਂ ਨੂੰ, ਮੋਹ ਵਿਚ ਡੁੱਬਦਿਆਂ ਨੂੰ, ਸੰਤ ਜਨਾਂ ਦੀ ਸੰਗਤਿ ਵਿਚ ਲਿਆ ਕੇ ਤੂੰ ਆਪ ਹੀ ਡੁੱਬਣੋਂ ਬਚਾਂਦਾ ਹੈਂ ॥੨॥੧੧॥੪੨॥
29533	681	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29534	681	ਸਿਮਰਿ ਸਿਮਰਿ ਸੁਆਮੀ ਪ੍ਰਭੁ ਅਪਨਾ ਸੀਤਲ ਤਨੁ ਮਨੁ ਛਾਤੀ॥		Simar Simar Suaamee Prabh Apanaa Seethal Than Man Shhaathee ||	Remembering, remembering God, the Lord Master in meditation, my body, mind and heart are cooled and soothed.	ਹੇ ਭਾਈ! ਮਾਲਕ ਪ੍ਰਭੂ (ਦਾ ਨਾਮ) ਮੁੜ ਮੁੜ ਸਿਮਰ ਕੇ ਸਰੀਰ ਮਨ ਹਿਰਦਾ ਸ਼ਾਂਤ ਹੋ ਜਾਂਦੇ ਹਨ।
29535	681	ਰੂਪ ਰੰਗ ਸੂਖ ਧਨੁ ਜੀਅ ਕਾ ਪਾਰਬ੍ਰਹਮ ਮੋਰੈ ਜਾਤੀ॥੧॥		Roop Rang Sookh Dhhan Jeea Kaa Paarabreham Morai Jaathee ||1||	The Supreme Lord God is my beauty, pleasure, peace, wealth, soul and social status. ||1||	ਹੇ ਭਾਈ! ਮੇਰੇ ਵਾਸਤੇ ਭੀ ਪਰਮਾਤਮਾ ਦਾ ਨਾਮ ਹੀ ਰੂਪ ਹੈ, ਰੰਗ ਹੈ, ਸੁਖ ਹੈ, ਧਨ ਹੈ, ਤੇ, ਉੱਚੀ ਜਾਤਿ ਹੈ ॥੧॥
29536	681	ਰਸਨਾ ਰਾਮ ਰਸਾਇਨਿ ਮਾਤੀ॥	ਮੱਤੀ ਕਸਕੇ	Rasanaa Raam Rasaaein Maathee ||	My tongue is intoxicated with the Lord, the source of nectar.	ਹੇ ਭਾਈ! ਜਿਸ ਮਨੁੱਖ ਦੀ ਜੀਭ ਪਰਮਾਤਮਾ ਦੇ ਨਾਮ ਦੀ ਰਸਾਇਣ ਵਿਚ ਮਸਤ ਰਹਿੰਦੀ ਹੈ,
29537	681	ਰੰਗ ਰੰਗੀ ਰਾਮ ਅਪਨੇ ਕੈ ਚਰਨਕਮਲ ਨਿਧਿ ਥਾਤੀ॥ਰਹਾਉ॥	(ਥੱਾਤੀ) ਪੂੰਜੀ	Rang Rangee Raam Apanae Kai Charan Kamal Nidhh Thhaathee || Rehaao ||	I am in love, in love with the Lord's lotus feet, the treasure of riches. ||Pause||	ਅਤੇ ਪਿਆਰੇ ਪ੍ਰਭੂ ਦੇ ਪ੍ਰੇਮ-ਰੰਗ ਨਾਲ ਰੰਗੀ ਜਾਂਦੀ ਹੈ, ਉਹੀ ਮਨੁੱਖ ਪਰਮਾਤਮਾ ਦੇ ਕੋਮਲ ਚਰਨਾਂ ਦੀ ਯਾਦ ਦਾ ਖ਼ਜ਼ਾਨਾ (ਆਪਣੇ ਹਿਰਦੇ ਵਿਚ) ਇਕੱਠਾ ਕਰ ਲੈਂਦਾ ਹੈ ਰਹਾਉ॥
29538	681	ਜਿਸ ਕਾ ਸਾ ਤਿਨ ਹੀ ਰਖਿ ਲੀਆ ਪੂਰਨ ਪ੍ਰਭ ਕੀ ਭਾਤੀ॥	(ਭਾਤੀ) ਰੀਤੀ	Jis Kaa Saa Thin Hee Rakh Leeaa Pooran Prabh Kee Bhaathee ||	I am His - He has saved me; this is God's perfect way.	ਹੇ ਭਾਈ! ਪ੍ਰਭੂ ਦਾ (ਜੀਵਾਂ ਨੂੰ ਦੁੱਖਾਂ ਰੋਗਾਂ ਤੋਂ) ਬਚਾਣ ਦਾ ਤਰੀਕਾ ਉੱਤਮ ਹੈ।

29539	681	ਮੇਲਿ ਲੀਓ ਆਪੇ ਸੁਖਦਾਤੈ ਨਾਨਕ ਹਰਿ ਰਾਖੀ ਪਾਤੀ॥੨॥੧੨॥੪੩॥		Mael Leeou Aapae Sukhadhaathai Naanak Har Raakhee Paathee ||2||12||43||	The Giver of peace has blended Nanak with Himself; the Lord has preserved his honor. ||2||12||43||	ਜੇਹੜਾ ਮਨੁੱਖ ਉਸ ਪ੍ਰਭੂ ਦਾ (ਸੇਵਕ) ਬਣ ਗਿਆ, ਉਸ ਨੂੰ ਉਸ ਨੇ ਬਚਾ ਲਿਆ। ਹੇ ਨਾਨਕ! (ਸਰਨ ਪਏ ਮਨੁੱਖ ਨੂੰ) ਸੁਖਦਾਤੇ ਪ੍ਰਭੂ ਨੇ ਆਪ ਹੀ ਸਦਾ (ਆਪਣੇ ਚਰਨਾਂ ਵਿਚ) ਮਿਲਾ ਲਿਆ, ਅਤੇ ਉਸ ਦੀ ਇੱਜ਼ਤ ਰੱਖ ਲਈ ॥੨॥੧੨॥੪੩॥
29540	681	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29541	681	ਦੂਤ ਦੁਸਮਨ ਸਭਿ ਤੁਝ ਤੇ ਨਿਵਰਹਿ ਪ੍ਰਗਟ ਪ੍ਰਤਾਪੁ ਤੁਮਾਰਾ॥		Dhooth Dhusaman Sabh Thujh Thae Nivarehi Pragatt Prathaap Thumaaraa ||	All demons and enemies are eradicated by You, Lord; Your glory is manifest and radiant.	ਹੇ ਪ੍ਰਭੂ! (ਤੇਰੇ ਭਗਤਾਂ ਦੇ) ਸਾਰੇ ਵੈਰੀ ਦੁਸ਼ਮਨ ਤੇਰੀ ਕਿਰਪਾ ਨਾਲ ਦੂਰ ਹੁੰਦੇ ਹਨ, ਤੇਰਾ ਤੇਜ-ਪ੍ਰਤਾਪ (ਸਾਰੇ ਜਗਤ ਵਿਚ) ਪਰਤੱਖ ਹੈ।
29542	681	ਜੋ ਜੋ ਤੇਰੇ ਭਗਤ ਦੁਖਾਏ ਓਹੁ ਤਤਕਾਲ ਤੁਮ ਮਾਰਾ॥੧॥	ਤੱਤਕਾਲ	Jo Jo Thaerae Bhagath Dhukhaaeae Ouhu Thathakaal Thum Maaraa ||1||	Whoever harms Your devotees, You destroy in an instant. ||1||	ਜੇਹੜਾ ਜੇਹੜਾ (ਦੂਤੀ) ਤੇਰੇ ਭਗਤਾਂ ਨੂੰ ਦੁੱਖ ਦੇਂਦਾ ਹੈ, ਤੂੰ ਉਸ ਨੂੰ ਤੁਰੰਤ (ਆਤਮਕ ਮੌਤੇ) ਮਾਰ ਦੇਂਦਾ ਹੈਂ ॥੧॥
29543	681	ਨਿਰਖਉ ਤੁਮਰੀ ਓਰਿ ਹਰਿ ਨੀਤ॥	(ਨਿਰਖਉ) ਦੇਖਦਾ	Nirakho Thumaree Our Har Neeth ||	I look to You continually, Lord.	ਹੇ ਮੁਰਾਰੀ! ਹੇ ਹਰੀ! ਮੈਂ ਸਦਾ ਤੇਰੇ ਵਲ (ਸਹਾਇਤਾ ਵਾਸਤੇ) ਤੱਕਦਾ ਰਹਿੰਦਾ ਹਾਂ।

29544	681	ਮੁਰਾਰਿ ਸਹਾਇ ਹੋਹੁ ਦਾਸ ਕਉ ਕਰੁ ਗਹਿ ਉਧਰਹੁ ਮੀਤ॥ਰਹਾਉ॥	(ਉ-ਧਰਹੁ) ਉਧਾਰਨਾ ਕਰੋ	Muraar Sehaae Hohu Dhaas Ko Kar Gehi Oudhharahu Meeth || Rehaao ||	O Lord, Destroyer of ego, please, be the helper and companion of Your slaves; take my hand, and save me, O my Friend! ||Pause||	(ਆਪਣੇ) ਦਾਸ ਦੇ ਵਾਸਤੇ ਮਦਦਗਾਰ ਬਣ। ਹੇ ਮਿੱਤਰ ਪ੍ਰਭੂ! (ਆਪਣੇ ਸੇਵਕ ਦਾ) ਹੱਥ ਫੜ ਕੇ ਇਸ ਨੂੰ ਬਚਾ ਲੈ ਰਹਾਉ॥
29545	681	ਸੁਣੀ ਬੇਨਤੀ ਠਾਕੁਰਿ ਮੇਰੈ ਖਸਮਾਨਾ ਕਰਿ ਆਪਿ॥	(ਖਸਮਾਨਾ) ਪੱਖ	Sunee Baenathee Thaakur Maerai Khasamaanaa Kar Aap ||	My Lord and Master has heard my prayer, and given me His protection.	ਮੇਰੇ ਮਾਲਕ-ਪ੍ਰਭੂ ਨੇ ਖਸਮ ਵਾਲਾ ਫ਼ਰਜ਼ ਪੂਰਾ ਕਰ ਕੇ (ਜਿਸ ਮਨੁੱਖ ਦੀ) ਬੇਨਤੀ ਆਪ ਸੁਣ ਲਈ,
29546	681	ਨਾਨਕ ਅਨਦ ਭਏ ਦੁਖ ਭਾਗੇ ਸਦਾ ਸਦਾ ਹਰਿ ਜਾਪਿ॥੨॥੧੩॥੪੪॥		Naanak Anadh Bheae Dhukh Bhaagae Sadhaa Sadhaa Har Jaap ||2||13||44||	Nanak is in ecstasy, and his pains are gone; he meditates on the Lord, forever and ever. ||2||13||44||	ਹੇ ਨਾਨਕ! (ਆਖ-) ਸਦਾ ਹੀ ਪਰਮਾਤਮਾ ਦਾ ਨਾਮ ਜਪ ਕੇ ਉਸ ਮਨੁੱਖ ਨੂੰ ਆਤਮਕ ਆਨੰਦ ਬਣ ਗਏ, ਉਸ ਦੇ ਸਾਰੇ ਦੁੱਖ ਨਾਸ ਹੋ ਗਏ ॥੨॥੧੩॥੪੪॥
29547	681	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29548	681	ਚਤੁਰ ਦਿਸਾ ਕੀਨੋ ਬਲੁ ਅਪਨਾ ਸਿਰ ਊਪਰਿ ਕਰੁ ਧਾਰਿਓ॥		Chathur Dhisaa Keeno Bal Apanaa Sir Oopar Kar Dhhaariou ||	He has extended His power in all four directions, and placed His hand upon my head.	ਹੇ ਭਾਈ! ਜਿਸ ਪ੍ਰਭੂ ਨੇ ਚੌਹੀਂ ਪਾਸੀਂ (ਸਾਰੀ ਸ੍ਰਿਸ਼ਟੀ ਵਿਚ) ਆਪਣੀ ਕਲਾ ਵਰਤਾਈ ਹੋਈ ਹੈ, ਉਸ ਨੇ (ਆਪਣੇ ਦਾਸ ਦੇ) ਸਿਰ ਉੱਤੇ ਸਦਾ ਹੀ ਆਪਣਾ ਹੱਥ ਰੱਖਿਆ ਹੋਇਆ ਹੈ।
29549	681	ਕ੍ਰਿਪਾ ਕਟਾਖ੍ਯ ਅਵਲੋਕਨੁ ਕੀਨੋ ਦਾਸ ਕਾ ਦੂਖੁ ਬਿਦਾਰਿਓ॥੧॥	(ਕਟਾਖ੍ਯ) ਦ੍ਰਿਸ਼ਟੀ।ਕਟਾਖ੍ਯ: ਕਟਾਖਿਅ	Kirapaa Kattaakhy Avalokan Keeno Dhaas Kaa Dhookh Bidhaariou ||1||	Gazing upon me with his Eye of Mercy, He has dispelled the pains of His slave. ||1||	ਮੇਹਰ ਦੀ ਨਿਗਾਹ ਨਾਲ ਆਪਣੇ ਦਾਸ ਵੱਲ ਤੱਕਦਾ ਹੈ, ਤੇ, ਉਸ ਦਾ ਹਰੇਕ ਦੁੱਖ ਦੂਰ ਕਰ ਦੇਂਦਾ ਹੈ ॥੧॥
29550	681	ਹਰਿ ਜਨ ਰਾਖੇ ਗੁਰ ਗੋਵਿੰਦ॥		Har Jan Raakhae Gur Govindh ||	The Guru, the Lord of the Universe, has saved the Lord's humble servant.	ਹੇ ਭਾਈ! ਪਰਮਾਤਮਾ ਆਪਣੇ ਸੇਵਕਾਂ ਦੀ (ਸਦਾ) ਰਾਖੀ ਕਰਦਾ ਹੈ।
29551	681	ਕੰਠਿ ਲਾਇ ਅਵਗੁਣ ਸਭਿ ਮੇਟੇ ਦਇਆਲ ਪੁਰਖ ਬਖਸੰਦ॥ਰਹਾਉ॥		Kanth Laae Avagun Sabh Maettae Dhaeiaal Purakh Bakhasandh || Rehaao ||	Hugging me close in His embrace, the merciful, forgiving Lord has erased all my sins. ||Pause||	(ਸੇਵਕਾਂ ਨੂੰ ਆਪਣੇ) ਗਲ ਨਾਲ ਲਾ ਕੇ ਦਇਆ-ਦਾ-ਘਰ ਸਰਬ-ਵਿਆਪਕ ਬਖ਼ਸ਼ਣਹਾਰ ਪ੍ਰਭੂ ਉਹਨਾਂ ਦੇ ਸਾਰੇ ਔਗੁਣ ਮਿਟਾ ਦੇਂਦਾ ਹੈ ਰਹਾਉ॥
29552	681	ਜੋ ਮਾਗਹਿ ਠਾਕੁਰ ਅਪਨੇ ਤੇ ਸੋਈ ਸੋਈ ਦੇਵੈ॥		Jo Maagehi Thaakur Apunae Thae Soee Soee Dhaevai ||	Whatever I ask for from my Lord and Master, he gives that to me.	ਹੇ ਭਾਈ! ਪ੍ਰਭੂ ਦੇ ਦਾਸ ਆਪਣੇ ਪ੍ਰਭੂ ਪਾਸੋਂ ਜੋ ਕੁਝ ਮੰਗਦੇ ਹਨ ਉਹ ਉਹੀ ਕੁਝ ਉਹਨਾਂ ਨੂੰ ਦੇਂਦਾ ਹੈ।

29553	681	ਨਾਨਕ ਦਾਸੁ ਮੁਖ ਤੇ ਜੋ ਬੋਲੈ ਈਹਾ ਊਹਾ ਸਚੁ ਹੋਵੈ॥੨॥੧੪॥੪੫॥		Naanak Dhaas Mukh Thae Jo Bolai Eehaa Oohaa Sach Hovai ||2||14||45||	Whatever the Lord's slave Nanak utters with his mouth, proves to be true, here and hereafter. ||2||14||45||	ਹੇ ਨਾਨਕ! (ਪ੍ਰਭੂ ਦਾ) ਸੇਵਕ ਜੋ ਕੁਝ ਮੂੰਹੋਂ ਬੋਲਦਾ ਹੈ, ਉਹ ਇਸ ਲੋਕ ਵਿਚ ਪਰਲੋਕ ਵਿਚ ਅਟੱਲ ਹੋ ਜਾਂਦਾ ਹੈ ॥੨॥੧੪॥੪੫॥
29554	682	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29555	682	ਅਉਖੀ ਘੜੀ ਨ ਦੇਖਣ ਦੇਈ ਅਪਨਾ ਬਿਰਦੁ ਸਮਾਲੇ॥	ਹੇ ਵਾਹਿਗੁਰੂ ਜੀ! ਔਖੀ ਘੜੀ ਨ ਦੇਖਣ ਦੇਈਂ, ਭਾਣੇ ਦੇ ਉਲਟ ਹੈ, ਔਖੀ ਘੜੀ ਨਹੀਂ ਦੇਖਣ (ਦੇਈ) ਦਿੰਦੇ, ਦੇਈ ਬਿੰਦੀ ਨਹੀਂ ਲਾਉਣੀ	Aoukhee Gharree N Dhaekhan Dhaeee Apanaa Biradh Samaalae ||	He does not let His devotees see the difficult times; this is His innate nature.	ਹੇ ਭਾਈ! (ਉਹ ਪ੍ਰਭੂ ਆਪਣੇ ਸੇਵਕ ਨੂੰ) ਕੋਈ ਦੁੱਖ ਦੇਣ ਵਾਲਾ ਸਮਾ ਨਹੀਂ ਵੇਖਣ ਦੇਂਦਾ, ਉਹ ਆਪਣਾ ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ ਸਦਾ ਚੇਤੇ ਰੱਖਦਾ ਹੈ।
29556	682	ਹਾਥ ਦੇਇ ਰਾਖੈ ਅਪਨੇ ਕਉ ਸਾਸਿ ਸਾਸਿ ਪ੍ਰਤਿਪਾਲੇ॥੧॥		Haathh Dhaee Raakhai Apanae Ko Saas Saas Prathipaalae ||1||	Giving His hand, He protects His devotee; with each and every breath, He cherishes him. ||1||	ਪ੍ਰਭੂ ਆਪਣਾ ਹੱਥ ਦੇ ਕੇ ਆਪਣੇ ਸੇਵਕ ਦੀ ਰਾਖੀ ਕਰਦਾ ਹੈ, (ਸੇਵਕ ਨੂੰ ਉਸ ਦੇ) ਹਰੇਕ ਸਾਹ ਦੇ ਨਾਲ ਪਾਲਦਾ ਰਹਿੰਦਾ ਹੈ ॥੧॥
29557	682	ਪ੍ਰਭ ਸਿਉ ਲਾਗਿ ਰਹਿਓ ਮੇਰਾ ਚੀਤੁ॥		Prabh Sio Laag Rehiou Maeraa Cheeth ||	My consciousness remains attached to God.	ਹੇ ਭਾਈ! ਮੇਰਾ ਮਨ (ਭੀ) ਉਸ ਪ੍ਰਭੂ ਨਾਲ ਜੁੜਿਆ ਰਹਿੰਦਾ ਹੈ,

29558	682	ਆਦਿ ਅੰਤਿ ਪ੍ਰਭੁ ਸਦਾ ਸਹਾਈ ਧੰਨੁ ਹਮਾਰਾ ਮੀਤੁ॥ਰਹਾਉ॥		Aadh Anth Prabh Sadhaa Sehaaee Dhhann Hamaaraa Meeth || Rehaao ||	In the beginning, and in the end, God is always my helper and companion; blessed is my friend. ||Pause||	ਜੋ ਸ਼ੁਰੂ ਤੋਂ ਅਖ਼ੀਰ ਤਕ ਸਦਾ ਹੀ ਮਦਦਗਾਰ ਬਣਿਆ ਰਹਿੰਦਾ ਹੈ। ਸਾਡਾ ਉਹ ਮਿੱਤਰ ਪ੍ਰਭੂ ਧੰਨ ਹੈ (ਉਸ ਦੀ ਸਦਾ ਸਿਫ਼ਤਿ ਕਰਨੀ ਚਾਹੀਦੀ ਹੈ) ਰਹਾਉ॥
29559	682	ਮਨਿ ਬਿਲਾਸ ਭਏ ਸਾਹਿਬ ਕੇ ਅਚਰਜ ਦੇਖਿ ਬਡਾਈ॥	ਅ-ਚਰਜ	Man Bilaas Bheae Saahib Kae Acharaj Dhaekh Baddaaee ||	My mind is delighted, gazing upon the marvellous, glorious greatness of the Lord and Master.	ਹੇ ਭਾਈ! ਮਾਲਕ-ਪ੍ਰਭੂ ਦੇ ਹੈਰਾਨ ਕਰਨ ਵਾਲੇ ਕੌਤਕ ਵੇਖ ਕੇ, ਉਸ ਦੀ ਵਡਿਆਈ ਵੇਖ ਕੇ, (ਸੇਵਕ ਦੇ) ਮਨ ਵਿਚ (ਭੀ) ਖ਼ੁਸ਼ੀਆਂ ਬਣੀਆਂ ਰਹਿੰਦੀਆਂ ਹਨ।
29560	682	ਹਰਿ ਸਿਮਰਿ ਸਿਮਰਿ ਆਨਦ ਕਰਿ ਨਾਨਕ ਪ੍ਰਭਿ ਪੂਰਨ ਪੈਜ ਰਖਾਈ॥੨॥੧੫॥੪੬॥		Har Simar Simar Aanadh Kar Naanak Prabh Pooran Paij Rakhaaee ||2||15||46||	Remembering, remembering the Lord in meditation, Nanak is in ecstasy; God, in His perfection, has protected and preserved his honor. ||2||15||46||	ਹੇ ਨਾਨਕ! ਤੂੰ ਭੀ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਆਤਮਕ ਆਨੰਦ ਮਾਣ। (ਜਿਸ ਭੀ ਮਨੁੱਖ ਨੇ ਸਿਮਰਨ ਕੀਤਾ) ਪ੍ਰਭੂ ਨੇ ਪੂਰੇ ਤੌਰ ਤੇ ਉਸ ਦੀ ਇੱਜ਼ਤ ਰੱਖ ਲਈ ॥੨॥੧੫॥੪੬॥
29561	682	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29562	682	ਜਿਸ ਕਉ ਬਿਸਰੈ ਪ੍ਰਾਨਪਤਿ ਦਾਤਾ ਸੋਈ ਗਨਹੁ ਅਭਾਗਾ॥		Jis Ko Bisarai Praanapath Dhaathaa Soee Ganahu Abhaagaa ||	One who forgets the Lord of life, the Great Giver - know that he is most unfortunate.	ਹੇ ਭਾਈ! ਉਸ ਮਨੁੱਖ ਨੂੰ ਬਦ-ਕਿਸਮਤ ਸਮਝੋ, ਜਿਸ ਨੂੰ ਜਿੰਦ ਦਾ ਮਾਲਕ-ਪ੍ਰਭੂ ਵਿਸਰ ਜਾਂਦਾ ਹੈ।
29563	682	ਚਰਨਕਮਲ ਜਾ ਕਾ ਮਨੁ ਰਾਗਿਓ ਅਮਿਅ ਸਰੋਵਰ ਪਾਗਾ॥੧॥	(ਪੱਗਾ) ਪਾਇਆ	Charan Kamal Jaa Kaa Man Raagiou Amia Sarovar Paagaa ||1||	One whose mind is in love with the Lord's lotus feet, obtains the pool of ambrosial nectar. ||1||	ਜਿਸ ਮਨੁੱਖ ਦਾ ਮਨ ਪਰਮਾਤਮਾ ਦੇ ਕੋਮਲ ਚਰਨਾਂ ਦਾ ਪ੍ਰੇਮੀ ਹੋ ਜਾਂਦਾ ਹੈ, ਉਹ ਮਨੁੱਖ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦਾ ਸਰੋਵਰ ਲੱਭ ਲੈਂਦਾ ਹੈ ॥੧॥
29564	682	ਤੇਰਾ ਜਨੁ ਰਾਮ ਨਾਮ ਰੰਗਿ ਜਾਗਾ॥		Thaeraa Jan Raam Naam Rang Jaagaa ||	Your humble servant awakes in the Love of the Lord's Name.	ਹੇ ਪ੍ਰਭੂ! ਤੇਰਾ ਸੇਵਕ ਤੇਰੇ ਨਾਮ-ਰੰਗ ਵਿਚ ਟਿਕ ਕੇ (ਮਾਇਆ ਦੇ ਮੋਹ ਵਲੋਂ ਸਦਾ) ਸੁਚੇਤ ਰਹਿੰਦਾ ਹੈ।
29565	682	ਆਲਸੁ ਛੀਜਿ ਗਇਆ ਸਭੁ ਤਨ ਤੇ ਪ੍ਰੀਤਮ ਸਿਉ ਮਨੁ ਲਾਗਾ॥ਰਹਾਉ॥		Aalas Shheej Gaeiaa Sabh Than Thae Preetham Sio Man Laagaa || Rehaao ||	All laziness has departed from his body, and his mind is attached to the Beloved Lord. ||Pause||	ਉਸ ਦੇ ਸਰੀਰ ਵਿਚੋਂ ਸਾਰਾ ਆਲਸ ਮੁੱਕ ਜਾਂਦਾ ਹੈ, ਉਸ ਦਾ ਮਨ, (ਹੇ ਭਾਈ!) ਪ੍ਰੀਤਮ-ਪ੍ਰਭੂ ਨਾਲ ਜੁੜਿਆ ਰਹਿੰਦਾ ਹੈ ਰਹਾਉ॥

29566	682	ਜਹ ਜਹ ਪੇਖਉ ਤਹ ਨਾਰਾਇਣ ਸਗਲ ਘਟਾ ਮਹਿ ਤਾਗਾ॥	(ਤਾਗਾ) ਇਸਥਿੱਤ	Jeh Jeh Paekho Theh Naaraaein Sagal Ghattaa Mehi Thaagaa ||	Wherever I look, the Lord is there; He is the string, upon which all hearts are strung.	ਹੇ ਭਾਈ! (ਉਸ ਦੇ ਸਿਮਰਨ ਦੀ ਬਰਕਤਿ ਨਾਲ) ਮੈਂ (ਭੀ) ਜਿਧਰ ਜਿਧਰ ਵੇਖਦਾ ਹਾਂ, ਉਥੇ ਉਥੇ ਪਰਮਾਤਮਾ ਹੀ ਸਾਰੇ ਸਰੀਰਾਂ ਵਿਚ ਮੌਜੂਦ ਦਿੱਸਦਾ ਹੈ ਜਿਵੇਂ ਧਾਗਾ (ਸਾਰੇ ਮਣਕਿਆਂ ਵਿਚ ਪ੍ਰੋਇਆ ਹੁੰਦਾ ਹੈ)।
29567	682	ਨਾਮ ਉਦਕੁ ਪੀਵਤ ਜਨ ਨਾਨਕ ਤਿਆਗੇ ਸਭਿ ਅਨੁਰਾਗਾ॥੨॥੧੬॥੪੭॥	(ਅਨੁਰਾਗਾ) ਪ੍ਰੇਮ	Naam Oudhak Peevath Jan Naanak Thiaagae Sabh Anuraagaa ||2||16||47||	Drinking in the water of the Naam, servant Nanak has renounced all other loves. ||2||16||47||	ਹੇ ਨਾਨਕ! ਪ੍ਰਭੂ ਦੇ ਦਾਸ ਉਸ ਦਾ ਨਾਮ-ਜਲ ਪੀਂਦਿਆਂ ਹੀ ਹੋਰ ਸਾਰੇ ਮੋਹ-ਪਿਆਰ ਛੱਡ ਦੇਂਦੇ ਹਨ ॥੨॥੧੬॥੪੭॥
29568	682	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29569	682	ਜਨ ਕੇ ਪੂਰਨ ਹੋਏ ਕਾਮ॥		Jan Kae Pooran Hoeae Kaam ||	All the affairs of the Lord's humble servant are perfectly resolved.	ਹੇ ਭਾਈ! ਪਰਮਾਤਮਾ ਦੇ ਸੇਵਕ ਦੇ ਸਾਰੇ ਕੰਮ ਸਫਲ ਹੋ ਜਾਂਦੇ ਹਨ।

29570	682	ਕਲੀ ਕਾਲ ਮਹਾ ਬਿਖਿਆ ਮਹਿ ਲਜਾ ਰਾਖੀ ਰਾਮ॥੧॥ਰਹਾਉ॥	ਲੱਜਾ	Kalee Kaal Mehaa Bikhiaa Mehi Lajaa Raakhee Raam ||1|| Rehaao ||	In the utterly poisonous Dark Age of Kali Yuga, the Lord preserves and protects his honor. ||1||Pause||	ਇਸ ਝੰਬੇਲਿਆਂ-ਭਰੇ ਸੰਸਾਰ ਵਿਚ, ਇਸ ਵੱਡੀ (ਮੋਹਣੀ) ਮਾਇਆ ਵਿਚ, ਪਰਮਾਤਮਾ (ਆਪਣੇ ਸੇਵਕਾਂ ਦੀ) ਇੱਜ਼ਤ ਰੱਖ ਲੈਂਦਾ ਹੈ ॥੧॥ ਰਹਾਉ ॥
29571	682	ਸਿਮਰਿ ਸਿਮਰਿ ਸੁਆਮੀ ਪ੍ਰਭੁ ਅਪੁਨਾ ਨਿਕਟਿ ਨ ਆਵੈ ਜਾਮ॥		Simar Simar Suaamee Prabh Apunaa Nikatt N Aavai Jaam ||	Remembering, remembering God, his Lord and Master in meditation, the Messenger of Death does not approach him.	ਹੇ ਭਾਈ! ਆਪਣੇ ਮਾਲਕ-ਪ੍ਰਭੂ ਦਾ ਨਾਮ ਮੁੜ ਮੁੜ ਸਿਮਰ ਕੇ (ਸੇਵਕਾਂ ਦੇ) ਨੇੜੇ ਆਤਮਕ ਮੌਤ ਨਹੀਂ ਢੁਕਦੀ।
29572	682	ਮੁਕਤਿ ਬੈਕੁੰਠ ਸਾਧ ਕੀ ਸੰਗਤਿ ਜਨ ਪਾਇਓ ਹਰਿ ਕਾ ਧਾਮ॥੧॥		Mukath Baikunth Saadhh Kee Sangath Jan Paaeiou Har Kaa Dhhaam ||1||	Liberation and heaven are found in the Saadh Sangat, the Company of the Holy; his humble servant finds the home of the Lord. ||1||	ਸੇਵਕ ਗੁਰੂ ਦੀ ਸੰਗਤਿ ਪ੍ਰਾਪਤ ਕਰ ਲੈਂਦੇ ਹਨ ਜੇਹੜੀ ਪਰਮਾਤਮਾ ਦਾ ਘਰ ਹੈ। (ਇਹ ਸਾਧ ਸੰਗਤਿ ਹੀ ਉਹਨਾਂ ਵਾਸਤੇ) ਵਿਸ਼ਨੂ ਦੀ ਪੁਰੀ ਹੈ, ਵਿਕਾਰਾਂ ਤੋਂ ਖ਼ਲਾਸੀ (ਪਾਣ ਦੀ ਥਾਂ) ਹੈ ॥੧॥
29573	682	ਚਰਨਕਮਲ ਹਰਿ ਜਨ ਕੀ ਥਾਤੀ ਕੋਟਿ ਸੂਖ ਬਿਸ੍ਰਾਮ॥	(ਥੱਾਤੀ) ਆਸਰਾ	Charan Kamal Har Jan Kee Thhaathee Kott Sookh Bisraam ||	The Lord's lotus feet are the treasure of His humble servant; in them, he finds millions of pleasures and comforts.	ਹੇ ਭਾਈ! ਪ੍ਰਭੂ ਦੇ ਸੇਵਕਾਂ ਵਾਸਤੇ ਪ੍ਰਭੂ ਦੇ ਚਰਨ ਹੀ ਆਸਰਾ ਹਨ, ਕ੍ਰੋੜਾਂ ਸੁਖਾਂ ਦਾ ਟਿਕਾਣਾ ਹਨ।

29574	682	ਗੋਬਿੰਦੁ ਦਮੋਦਰ ਸਿਮਰਉ ਦਿਨ ਰੈਨਿ ਨਾਨਕ ਸਦ ਕੁਰਬਾਨ॥੨॥੧੭॥੪੮॥		Gobindh Dhamodhar Simaro Dhin Rain Naanak Sadh Kurabaan ||2||17||48||	He remembers the Lord God in meditation, day and night; Nanak is forever a sacrifice to him. ||2||17||48||	ਹੇ ਨਾਨਕ! (ਆਖ-ਹੇ ਭਾਈ!) ਮੈਂ (ਭੀ) ਉਸ ਗੋਬਿੰਦ ਨੂੰ ਦਮੋਦਰ ਨੂੰ ਦਿਨ ਰਾਤ ਸਿਮਰਦਾ ਰਹਿੰਦਾ ਹਾਂ, ਤੇ, ਉਸ ਤੋਂ ਸਦਕੇ ਜਾਂਦਾ ਹਾਂ ॥੨॥੧੭॥੪੮॥
29575	682	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29576	682	ਮਾਂਗਉ ਰਾਮ ਤੇ ਇਕੁ ਦਾਨੁ॥		Maango Raam Thae Eik Dhaan ||	I beg for one gift only from the Lord.	ਹੇ ਭਾਈ! ਮੈਂ ਪਰਮਾਤਮਾ ਪਾਸੋਂ ਇਕ ਖ਼ੈਰ ਮੰਗਦਾ ਹਾਂ।
29577	682	ਸਗਲ ਮਨੋਰਥ ਪੂਰਨ ਹੋਵਹਿ ਸਿਮਰਉ ਤੁਮਰਾ ਨਾਮੁ ॥੧॥ਰਹਾਉ॥		Sagal Manorathh Pooran Hovehi Simaro Thumaraa Naam ||1|| Rehaao ||	May all my desires be fulfilled, meditating on, and remembering Your Name, O Lord. ||1||Pause||	(ਪਰਮਾਤਮਾ ਅੱਗੇ ਮੈਂ ਬੇਨਤੀ ਕਰਦਾ ਹਾਂ) ਹੇ ਪ੍ਰਭੂ! ਮੈਂ ਤੇਰਾ ਨਾਮ (ਸਦਾ) ਸਿਮਰਦਾ ਰਹਾਂ, (ਤੇਰੇ ਸਿਮਰਨ ਦੀ ਬਰਕਤਿ ਨਾਲ) ਸਾਰੀਆਂ ਮੁਰਾਦਾਂ ਪੂਰੀਆਂ ਹੋ ਜਾਂਦੀਆਂ ਹਨ ॥੧॥ ਰਹਾਉ ॥
29578	682	ਚਰਨ ਤੁਮ੍ਹਾਰੇ ਹਿਰਦੈ ਵਾਸਹਿ ਸੰਤਨ ਕਾ ਸੰਗੁ ਪਾਵਉ॥		Charan Thumhaarae Hiradhai Vaasehi Santhan Kaa Sang Paavo ||	May Your feet abide within my heart, and may I find the Society of the Saints.	ਹੇ ਪ੍ਰਭੂ! ਤੇਰੇ ਚਰਨ ਮੇਰੇ ਹਿਰਦੇ ਵਿਚ ਵੱਸਦੇ ਰਹਿਣ, ਮੈਂ ਤੇਰੇ ਸੰਤ ਜਨਾਂ ਦੀ ਸੰਗਤਿ ਹਾਸਲ ਕਰ ਲਵਾਂ,

29579	682	ਸੋਗ ਅਗਨਿ ਮਹਿ ਮਨੁ ਨ ਵਿਆਪੈ ਆਠ ਪਹਰ ਗੁਣ ਗਾਵਉ॥੧॥		Sog Agan Mehi Man N Viaapai Aath Pehar Gun Gaavo ||1||	May my mind not be afflicted by the fire of sorrow; may I sing Your Glorious Praises, twenty-four hours a day. ||1||	ਮੈਂ ਅੱਠੇ ਪਹਰ ਤੇਰੇ ਗੁਣ ਗਾਂਦਾ ਰਹਾਂ। (ਤੇਰੀ ਸਿਫ਼ਤ-ਸਾਲਾਹ ਦੀ ਬਰਕਤਿ ਨਾਲ) ਮਨ ਚਿੰਤਾ ਦੀ ਅੱਗ ਵਿਚ ਨਹੀਂ ਫਸਦਾ ॥੧॥
29580	682	ਸ੍ਵਸਤਿ ਬਿਵਸਥਾ ਹਰਿ ਕੀ ਸੇਵਾ ਮਧ੍ਯੰਤ ਪ੍ਰਭ ਜਾਪਣ॥	(ਸੁ-ਅਸਤਿ)ਉੱਦਮ ਬਲ ਸਹਿਤ ਤਿਆਰ-ਬਰ-ਤਿਆਰ ਵਿਸਮਾਦ ਇਕਾਗ੍ਰ (ਬਿ-ਵਸਥਾ)ਅਵਸਥਾ (ਮਧ੍ਯੰਤ) ਵਿੱਚ। ਮਧਿਅੰਤ:ਪੋਲਾ ਬੋਲੋ	Svasath Bivasathhaa Har Kee Saevaa Madhhanyath Prabh Jaapan ||	May I serve the Lord in my childhood and youth, and meditate on God in my middle and old age.	ਸਦਾ ਪ੍ਰਭੂ ਦਾ ਨਾਮ ਜਪਣ ਨਾਲ, ਹਰੀ ਦੀ ਸੇਵਾ-ਭਗਤੀ ਕਰਨ ਨਾਲ (ਮਨ ਵਿਚ) ਸ਼ਾਂਤੀ ਦੀ ਹਾਲਤ ਬਣੀ ਰਹਿੰਦੀ ਹੈ।
29581	682	ਨਾਨਕ ਰੰਗੁ ਲਗਾ ਪਰਮੇਸਰ ਬਾਹੁੜਿ ਜਨਮ ਨ ਛਾਪਣ॥੨॥੧੮॥੪੯॥	(ਛਾਪਣ) ਮੌਤ	Naanak Rang Lagaa Paramaesar Baahurr Janam N Shhaapan ||2||18||49||	O Nanak, one who is imbued with the Love of the Transcendent Lord, is not reincarnated again to die. ||2||18||49||	ਹੇ ਨਾਨਕ! ਜਿਸ ਮਨੁੱਖ (ਦੇ ਮਨ ਵਿਚ) ਪਰਮਾਤਮਾ ਦਾ ਪਿਆਰ ਬਣ ਜਾਏ ਉਹ ਮੁੜ ਮੁੜ ਜਨਮ ਮਰਨ (ਦੇ ਗੇੜ) ਵਿਚ ਨਹੀਂ ਆਉਂਦਾ ॥੨॥੧੮॥੪੯॥
29582	682	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29583	682	ਮਾਂਗਉ ਰਾਮ ਤੇ ਸਭਿ ਥੋਕ॥		Maango Raam Thae Sabh Thhok ||	I beg only from the Lord for all things.	ਹੇ ਭਾਈ! ਮੈਂ (ਤਾਂ) ਸਾਰੇ ਪਦਾਰਥ ਪਰਮਾਤਮਾ ਤੋਂ (ਹੀ) ਮੰਗਦਾ ਹਾਂ।

29584	682	ਮਾਨੁਖ ਕਉ ਜਾਚਤ ਸ੍ਰਮੁ ਪਾਈਐ ਪ੍ਰਭ ਕੈ ਸਿਮਰਨਿ ਮੋਖ॥੧॥ਰਹਾਉ॥		Maanukh Ko Jaachath Sram Paaeeai Prabh Kai Simaran Mokh ||1|| Rehaao ||	I would hesitate to beg from other people. Remembering God in meditation, liberation is obtained. ||1||Pause||	ਮਨੁੱਖਾਂ ਪਾਸੋਂ ਮੰਗਦਿਆਂ ਨਿਰੀ ਖੇਚਲ ਹੀ ਹਾਸਲ ਹੁੰਦੀ ਹੈ, (ਦੂਜੇ ਪਾਸੇ,) ਪਰਮਾਤਮਾ ਦੇ ਸਿਮਰਨ ਦੀ ਰਾਹੀਂ (ਪਦਾਰਥ ਭੀ ਮਿਲਦੇ ਹਨ, ਤੇ) ਮਾਇਆ ਦੇ ਮੋਹ ਤੋਂ ਖ਼ਲਾਸੀ (ਭੀ) ਪ੍ਰਾਪਤ ਹੋ ਜਾਂਦੀ ਹੈ ॥੧॥ ਰਹਾਉ ॥
29585	682	ਘੋਖੇ ਮੁਨਿ ਜਨ ਸਿੰਮ੍ਰਿਤਿ ਪੁਰਾਨਾਂ ਬੇਦ ਪੁਕਾਰਹਿ ਘੋਖ॥	ਸਿੰਮ੍ਰਿਤਿ	Ghokhae Mun Jan Sinmrith Puraanaan Baedh Pukaarehi Ghokh ||	I have studied with the silent sages, and carefully read the Simritees, the Puraanas and the Vedas; they all proclaim that,	ਹੇ ਭਾਈ! ਰਿਸ਼ੀਆਂ ਨੇ ਸਿੰਮ੍ਰਿਤੀਆਂ ਪੁਰਾਣ ਗਹੁ ਨਾਲ ਵਿਚਾਰ ਵੇਖੇ, ਵੇਦਾਂ ਨੂੰ (ਭੀ) ਵਿਚਾਰ ਕੇ ਉੱਚੀ ਉੱਚੀ ਪੜ੍ਹਦੇ ਹਨ,
29586	682	ਕ੍ਰਿਪਾਸਿੰਧੁ ਸੇਵਿ ਸਚੁ ਪਾਈਐ ਦੋਵੈ ਸੁਹੇਲੇ ਲੋਕ॥੧॥		Kirapaa Sindhh Saev Sach Paaeeai Dhovai Suhaelae Lok ||1||	By serving the Lord, the ocean of mercy, Truth is obtained, and both this world and the next are embellished. ||1||	(ਪਰ) ਕਿਰਪਾ ਦੇ ਸਮੁੰਦਰ ਪਰਮਾਤਮਾ ਦੀ ਸਰਨ ਪੈ ਕੇ ਹੀ ਉਸ ਦਾ ਸਦਾ-ਥਿਰ ਨਾਮ ਪ੍ਰਾਪਤ ਹੁੰਦਾ ਹੈ (ਜਿਸ ਦੀ ਬਰਕਤਿ ਨਾਲ) ਲੋਕ ਪਰਲੋਕ ਦੋਵੇਂ ਹੀ ਸੁਖਦਾਈ ਹੋ ਜਾਂਦੇ ਹਨ ॥੧॥
29587	682	ਆਨ ਅਚਾਰ ਬਿਉਹਾਰ ਹੈ ਜੇਤੇ ਬਿਨੁ ਹਰਿ ਸਿਮਰਨ ਫੋਕ॥		Aan Achaar Biouhaar Hai Jaethae Bin Har Simaran Fok ||	All other rituals and customs are useless, without remembering the Lord in meditation.	ਹੇ ਭਾਈ! ਪਰਮਾਤਮਾ ਦੇ ਸਿਮਰਨ ਤੋਂ ਬਿਨਾ ਜਿਤਨੇ ਭੀ ਹੋਰ ਧਾਰਮਿਕ ਰਿਵਾਜ ਤੇ ਵਿਹਾਰ ਹਨ ਸਾਰੇ ਵਿਅਰਥ ਹਨ।

29588	682	ਨਾਨਕ ਜਨਮ ਮਰਣ ਭੈ ਕਾਟੇ ਮਿਲਿ ਸਾਧੂ ਬਿਨਸੇ ਸੋਕ॥੨॥੧੯॥੫੦॥		Naanak Janam Maran Bhai Kaattae Mil Saadhhoo Binasae Sok ||2||19||50||	O Nanak, the fear of birth and death has been removed; meeting the Holy Saint, sorrow is dispelled. ||2||19||50||	ਹੇ ਨਾਨਕ! ਗੁਰੂ ਨੂੰ ਮਿਲ ਕੇ ਜਨਮ ਮਰਨ ਦੇ ਸਾਰੇ ਡਰ ਕੱਟੇ ਜਾਂਦੇ ਹਨ, ਤੇ ਸਾਰੇ ਚਿੰਤਾ-ਫ਼ਿਕਰ ਨਾਸ ਹੋ ਜਾਂਦੇ ਹਨ ॥੨॥੧੯॥੫੦॥
29589	682	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29590	682	ਤ੍ਰਿਸਨਾ ਬੁਝੈ ਹਰਿ ਕੈ ਨਾਮਿ॥		Thrisanaa Bujhai Har Kai Naam ||	Desire is quenched, through the Lord's Name.	ਹੇ ਭਾਈ! ਪਰਮਾਤਮਾ ਦੇ ਨਾਮ ਵਿਚ ਜੁੜਿਆਂ (ਮਾਇਆ ਦੀ) ਤ੍ਰੇਹ ਬੁੱਝ ਜਾਂਦੀ ਹੈ।
29591	682	ਮਹਾ ਸੰਤੋਖੁ ਹੋਵੈ ਗੁਰ ਬਚਨੀ ਪ੍ਰਭ ਸਿਉ ਲਾਗੈ ਪੂਰਨ ਧਿਆਨੁ॥੧॥ਰਹਾਉ ॥		Mehaa Santhokh Hovai Gur Bachanee Prabh Sio Laagai Pooran Dhhiaan ||1|| Rehaao ||	Great peace and contentment come through the Guru's Word, and one's meditation is perfectly focused upon God. ||1||Pause||	ਗੁਰੂ ਦੀ ਬਾਣੀ ਦਾ ਆਸਰਾ ਲਿਆਂ (ਮਨ ਵਿਚ) ਬੜਾ ਸੰਤੋਖ ਪੈਦਾ ਹੋ ਜਾਂਦਾ ਹੈ, ਤੇ, ਪਰਮਾਤਮਾ ਦੇ ਚਰਨਾਂ ਵਿਚ ਪੂਰੇ ਤੌਰ ਤੇ ਸੁਰਤਿ ਜੁੜ ਜਾਂਦੀ ਹੈ ॥੧॥ ਰਹਾਉ ॥

29592	683	ਮਹਾ ਕਲੋਲ ਬੁਝਹਿ ਮਾਇਆ ਕੇ ਕਰਿ ਕਿਰਪਾ ਮੇਰੇ ਦੀਨ ਦਇਆਲ॥	ਬੁਝਹਿ:ਪੋਲਾ ਬੋਲੋ	Mehaa Kalol Bujhehi Maaeiaa Kae Kar Kirapaa Maerae Dheen Dhaeiaal ||	Please shower Your Mercy upon me, and permit me to ignore the great enticements of Maya, O Lord, Merciful to the meek.	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਮੇਰੇ ਪ੍ਰਭੂ! ਜਿਸ ਮਨੁੱਖ ਉਤੇ ਤੂੰ ਕਿਰਪਾ ਕਰਦਾ ਹੈਂ, ਮਾਇਆ ਦੇ ਰੰਗ-ਤਮਾਸ਼ੇ ਉਸ ਉੱਤੇ ਪ੍ਰਭਾਵ ਨਹੀਂ ਪਾ ਸਕਦੇ।
29593	683	ਅਪਣਾ ਨਾਮੁ ਦੇਹਿ ਜਪਿ ਜੀਵਾ ਪੂਰਨ ਹੋਇ ਦਾਸ ਕੀ ਘਾਲ॥੧॥		Apanaa Naam Dhaehi Jap Jeevaa Pooran Hoe Dhaas Kee Ghaal ||1||	Give me Your Name - chanting it, I live; please bring the efforts of Your slave to fruition. ||1||	ਹੇ ਪ੍ਰਭੂ! (ਮੈਨੂੰ ਭੀ) ਆਪਣਾ ਨਾਮ ਬਖ਼ਸ਼, ਤੇਰਾ ਨਾਮ ਜਪ ਕੇ ਮੈਂ ਆਤਮਕ ਜੀਵਨ ਪ੍ਰਾਪਤ ਕਰ ਸਕਾਂ, ਤੇਰੇ (ਇਸ) ਦਾਸ ਦੀ ਮੇਹਨਤ ਸਫਲ ਹੋ ਜਾਏ ॥੧॥
29594	683	ਸਰਬ ਮਨੋਰਥ ਰਾਜ ਸੂਖ ਰਸ ਸਦ ਖੁਸੀਆ ਕੀਰਤਨੁ ਜਪਿ ਨਾਮ॥	ਖੁਸੀਆ:ਪੋਲਾ ਬੋਲੋ, ਸੱਸੇ ਬਿੰਦੀ ਨ ਲਾਉ	Sarab Manorathh Raaj Sookh Ras Sadh Khuseeaa Keerathan Jap Naam ||	All desires, power, pleasure, joy and lasting bliss, are found by chanting the Naam, the Name of the Lord, and singing the Kirtan of His Praises.	ਹੇ ਭਾਈ! ਪਰਮਾਤਮਾ ਦਾ ਨਾਮ ਜਪ ਕੇ, ਪਰਮਾਤਮਾ ਦੀ ਸਿਫ਼ਤ-ਸਾਲਾਹ ਕਰ ਕੇ ਸਾਰੀਆਂ ਮੁਰਾਦਾਂ ਪੂਰੀਆਂ ਹੋ ਜਾਂਦੀਆਂ ਹਨ (ਮਾਨੋ) ਰਾਜ ਦੇ ਸੁਖ ਤੇ ਰਸ ਮਿਲ ਜਾਂਦੇ ਹਨ, ਸਦਾ ਆਨੰਦ ਬਣਿਆ ਰਹਿੰਦਾ ਹੈ।

29595	683	ਜਿਸ ਕੈ ਕਰਮਿ ਲਿਖਿਆ ਧੁਰਿ ਕਰਤੈ ਨਾਨਕ ਜਨ ਕੇ ਪੂਰਨ ਕਾਮ॥੨॥੨੦॥੫੧॥		Jis Kai Karam Likhiaa Dhhur Karathai Naanak Jan Kae Pooran Kaam ||2||20||51||	That humble servant of the Lord, who has such karma pre-ordained by the Creator Lord, O Nanak - his efforts are brought to perfect fruition. ||2||20||51||	(ਪਰ) ਹੇ ਨਾਨਕ! ਕਰਤਾਰ ਨੇ ਜਿਸ ਮਨੁੱਖ ਦੀ ਕਿਸਮਤ ਵਿਚ ਦੁਰ ਦਰਗਾਹ ਤੋਂ (ਇਹ ਨਾਮ ਦੀ ਦਾਤਿ) ਲਿਖ ਦਿੱਤੀ, ਉਸ ਮਨੁੱਖ ਦੇ (ਹੀ) ਸਾਰੇ ਕਾਰਜ ਸਫਲ ਹੁੰਦੇ ਹਨ ॥੨॥੨੦॥੫੧॥
29596	683	ਧਨਾਸਰੀ ਮਃ ੫॥		Dhhanaasaree Ma 5 ||	Dhanaasaree, Fifth Mehl:	
29597	683	ਜਨ ਕੀ ਕੀਨੀ ਪਾਰਬ੍ਰਹਮਿ ਸਾਰ॥		Jan Kee Keenee Paarabreham Saar ||	The Supreme Lord God takes care of His humble servant.	ਹੇ ਭਾਈ! ਪਰਮਾਤਮਾ ਨੇ (ਸਦਾ ਹੀ) ਆਪਣੇ ਸੇਵਕਾਂ ਦੀ ਸੰਭਾਲ ਕੀਤੀ ਹੈ।
29598	683	ਨਿੰਦਕ ਟਿਕਨੁ ਨ ਪਾਵਨਿ ਮੂਲੇ ਊਡਿ ਗਏ ਬੇਕਾਰ॥੧॥ਰਹਾਉ॥		Nindhak Ttikan N Paavan Moolae Oodd Geae Baekaar ||1|| Rehaao ||	The slanderers are not allowed to stay; they are pulled out by their roots, like useless weeds. ||1||Pause||	(ਉਹਨਾਂ ਦੀ) ਨਿੰਦਾ ਕਰਨ ਵਾਲੇ ਉਹਨਾਂ ਦੇ ਟਾਕਰੇ ਤੇ ਉੱਕਾ ਹੀ ਅੜ ਨਹੀਂ ਸਕਦੇ। (ਜਿਵੇਂ ਹਵਾ ਦੇ ਅੱਗੇ ਬੱਦਲ ਉੱਡ ਜਾਂਦੇ ਹਨ ਤਿਵੇਂ ਉਹ ਨਿੰਦਕ ਸੇਵਕਾਂ ਦੇ ਟਾਕਰੇ ਤੇ ਸਦਾ) ਨਕਾਰੇ ਹੋ ਕੇ ਉੱਡ ਗਏ ॥੧॥ ਰਹਾਉ ॥
29599	683	ਜਹ ਜਹ ਦੇਖਉ ਤਹ ਤਹ ਸੁਆਮੀ ਕੋਇ ਨ ਪਹੁਚਨਹਾਰ॥		Jeh Jeh Dhaekho Theh Theh Suaamee Koe N Pahuchanehaar ||	Wherever I look, there I see my Lord and Master; no one can harm me.	ਹੇ ਭਾਈ! ਜਿਸ ਪਰਮਾਤਮਾ ਦੀ ਕੋਈ ਭੀ ਬਰਾਬਰੀ ਨਹੀਂ ਕਰ ਸਕਦਾ, ਮੈਂ ਜਿੱਥੇ ਜਿੱਥੇ ਵੇਖਦਾ ਹਾਂ ਉੱਥੇ ਹੀ ਉਹ ਮਾਲਕ-ਪ੍ਰਭੂ ਵੱਸਦਾ ਹੈ।

29600	683	ਜੋ ਜੋ ਕਰੈ ਅਵਗਿਆ ਜਨ ਕੀ ਹੋਇ ਗਇਆ ਤਤ ਛਾਰ॥੧॥	(ਅ-ਵੱਗਿਆ) ਨਿਰਾਦਰੀ। ਗ-ਇਆ ਤੱਤ	Jo Jo Karai Avagiaa Jan Kee Hoe Gaeiaa Thath Shhaar ||1||	Whoever shows disrespect to the Lord's humble servant, is instantly reduced to ashes. ||1||	ਉਸ ਦੇ ਸੇਵਕ ਦੀ ਜੇਹੜਾ ਭੀ ਕੋਈ ਮਨੁੱਖ ਨਿਰਾਦਰੀ ਕਰਦਾ ਹੈ, (ਉਹ ਆਤਮਕ ਜੀਵਨ ਵਿਚ) ਤੁਰਤ ਸੁਆਹ ਹੋ ਜਾਂਦਾ ਹੈ ॥੧॥
29601	683	ਕਰਨਹਾਰੁ ਰਖਵਾਲਾ ਹੋਆ ਜਾ ਕਾ ਅੰਤੁ ਨ ਪਾਰਾਵਾਰ॥		Karanehaar Rakhavaalaa Hoaa Jaa Kaa Anth N Paaraavaar ||	The Creator Lord has become my protector; He has no end or limitation.	ਹੇ ਭਾਈ! ਜਿਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਜਿਸ ਦੀ ਹਸਤੀ ਦਾ ਪਾਰਲਾ ਉਰਲਾ ਬੰਨਾ ਨਹੀਂ ਲੱਭ ਸਕਦਾ ਹੈ, ਉਹ ਸਭ ਨੂੰ ਪੈਦਾ ਕਰਨ ਵਾਲਾ ਪਰਮਾਤਮਾ (ਆਪਣੇ ਸੇਵਕਾਂ ਦਾ ਸਦਾ) ਰਾਖਾ ਰਹਿੰਦਾ ਹੈ।
29602	683	ਨਾਨਕ ਦਾਸ ਰਖੇ ਪ੍ਰਭਿ ਅਪੁਨੈ ਨਿੰਦਕ ਕਾਢੇ ਮਾਰਿ॥੨॥੨੧॥੫੨॥		Naanak Dhaas Rakhae Prabh Apunai Nindhak Kaadtae Maar ||2||21||52||	O Nanak, God has protected and saved His slaves; He has driven out and destroyed the slanderers. ||2||21||52||	ਹੇ ਨਾਨਕ! ਪ੍ਰਭੂ ਨੇ ਆਪਣੇ ਸੇਵਕਾਂ ਦੀ ਸਦਾ ਰਾਖੀ ਕੀਤੀ ਹੈ, ਤੇ; ਉਹਨਾਂ ਦੀ ਨਿੰਦਾ ਕਰਨ ਵਾਲਿਆਂ ਨੂੰ ਆਤਮਕ ਮੌਤੇ ਮਾਰ ਕੇ (ਆਪਣੇ ਦਰ ਤੋਂ) ਕੱਢ ਦਿੱਤਾ ਹੈ ॥੨॥੨੧॥੫੨॥
29603	683	ਧਨਾਸਰੀ ਮਹਲਾ ੫ ਘਰੁ ੯ ਪੜਤਾਲ		Dhhanaasaree Mehalaa 5 Ghar 9 Parrathaala	Dhanaasaree, Fifth Mehl, Ninth House, Partaal:	ਰਾਗ ਧਨਾਸਰੀ, ਘਰ ੯ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਪੜਤਾਲ'।

29604	683	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
29605	683	ਹਰਿ ਚਰਨ ਸਰਨ ਗੋਬਿੰਦ ਦੁਖਭੰਜਨਾ ਦਾਸ ਅਪੁਨੇ ਕਉ ਨਾਮੁ ਦੇਵਹੁ॥		Har Charan Saran Gobindh Dhukh Bhanjanaa Dhaas Apunae Ko Naam Dhaevahu ||	O Lord, I seek the Sanctuary of Your feet; Lord of the Universe, Destroyer of pain, please bless Your slave with Your Name.	ਹੇ ਹਰੀ! ਹੇ ਗੋਬਿੰਦ! ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਆਪਣੇ ਦਾਸ ਨੂੰ ਆਪਣਾ ਨਾਮ ਬਖ਼ਸ਼।
29606	683	ਦ੍ਰਿਸਟਿ ਪ੍ਰਭ ਧਾਰਹੁ ਕ੍ਰਿਪਾ ਕਰਿ ਤਾਰਹੁ ਭੁਜਾ ਗਹਿ ਕੂਪ ਤੇ ਕਾਢਿ ਲੇਵਹੁ॥ਰਹਾਉ॥		Dhrisatt Prabh Dhhaarahu Kirapaa Kar Thaarahu Bhujaa Gehi Koop Thae Kaadt Laevahu || Rehaao ||	Be Merciful, God, and bless me with Your Glance of Grace; take my arm and save me - pull me up out of this pit! ||Pause||	ਹੇ ਪ੍ਰਭੂ! (ਆਪਣੇ ਦਾਸ ਉੱਤੇ) ਮੇਹਰ ਦੀ ਨਿਗਾਹ ਕਰ, ਕਿਰਪਾ ਕਰ ਕੇ (ਦਾਸ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈ, (ਦਾਸ ਦੀ) ਬਾਂਹ ਫੜ ਕੇ (ਦਾਸ ਨੂੰ ਮੋਹ ਦੇ) ਖੂਹ ਵਿਚੋਂ ਕੱਢ ਲੈ ਰਹਾਉ॥
29607	683	ਕਾਮ ਕ੍ਰੋਧ ਕਰਿ ਅੰਧ ਮਾਇਆ ਕੇ ਬੰਧ ਅਨਿਕ ਦੋਖਾ ਤਨਿ ਛਾਦਿ ਪੂਰੇ॥	(ਛਾਦਿ) ਛਾਏ	Kaam Krodhh Kar Andhh Maaeiaa Kae Bandhh Anik Dhokhaa Than Shhaadh Poorae ||	He is blinded by sexual desire and anger, bound by Maya; his body and clothes are filled with countless sins.	ਹੇ ਪ੍ਰਭੂ! ਕਾਮ ਕ੍ਰੋਧ (ਆਦਿਕ ਵਿਕਾਰਾਂ) ਦੇ ਕਾਰਨ (ਜੀਵ) ਅੰਨ੍ਹੇ ਹੋਏ ਪਏ ਹਨ, ਮਾਇਆ ਦੇ ਬੰਧਨਾਂ ਵਿਚ ਫਸੇ ਪਏ ਹਨ, ਅਨੇਕਾਂ ਵਿਕਾਰ (ਇਹਨਾਂ ਦੇ) ਸਰੀਰ ਵਿਚ ਪੂਰੇ ਤੌਰ ਤੇ ਪ੍ਰਭਾਵ ਪਾਈ ਬੈਠੇ ਹਨ।

29608	683	ਪ੍ਰਭ ਬਿਨਾ ਆਨ ਨ ਰਾਖਨਹਾਰਾ ਨਾਮੁ ਸਿਮਰਾਵਹੁ ਸਰਨਿ ਸੂਰੇ॥੧॥		Prabh Binaa Aan N Raakhanehaaraa Naam Simaraavahu Saran Soorae ||1||	Without God, there is no other protector; help me to chant Your Name, Almighty Warrior, Sheltering Lord. ||1||	ਹੇ ਪ੍ਰਭੂ! ਤੈਥੋਂ ਬਿਨਾ ਕੋਈ ਹੋਰ (ਜੀਵਾਂ ਦੀ ਵਿਕਾਰਾਂ ਤੋਂ) ਰਾਖੀ ਕਰਨ ਜੋਗਾ ਨਹੀਂ। ਹੇ ਸ਼ਰਨ ਆਇਆਂ ਦੀ ਲਾਜ ਰੱਖ ਸਕਣ ਵਾਲੇ! ਆਪਣਾ ਨਾਮ ਜਪਾ ॥੧॥
29609	683	ਪਤਿਤ ਉਧਾਰਣਾ ਜੀਅ ਜੰਤ ਤਾਰਣਾ ਬੇਦ ਉਚਾਰ ਨਹੀ ਅੰਤੁ ਪਾਇਓ॥		Pathith Oudhhaaranaa Jeea Janth Thaaranaa Baedh Ouchaar Nehee Anth Paaeiou ||	Redeemer of sinners, Saving Grace of all beings and creatures, even those who recite the Vedas have not found Your limit.	ਹੇ ਵਿਕਾਰੀਆਂ ਨੂੰ ਬਚਾਣ ਵਾਲੇ! ਹੇ ਸਾਰੇ ਜੀਵਾਂ ਨੂੰ ਪਾਰ ਲੰਘਾਣ ਵਾਲੇ! ਵੇਦਾਂ ਦੇ ਪੜ੍ਹਨ ਵਾਲੇ ਭੀ ਤੇਰੇ ਗੁਣਾਂ ਦਾ ਅੰਤ ਨਹੀਂ ਪਾ ਸਕੇ।
29610	683	ਗੁਣਹ ਸੁਖਸਾਗਰਾ ਬ੍ਰਹਮ ਰਤਨਾਗਰਾ ਭਗਤਿ ਵਛਲੁ ਨਾਨਕ ਗਾਇਓ॥੨॥੧॥੫੩॥		Guneh Sukh Saagaraa Breham Rathanaagaraa Bhagath Vashhal Naanak Gaaeiou ||2||1||53||	God is the ocean of virtue and peace, the source of jewels; Nanak sings the Praises of the Lover of His devotees. ||2||1||53||	ਹੇ ਨਾਨਕ! (ਆਖ-) ਹੇ ਗੁਣਾਂ ਦੇ ਸਮੁੰਦਰ! ਹੇ ਸੁਖਾਂ ਦੇ ਸਮੁੰਦਰ! ਹੇ ਰਤਨਾਂ ਦੀ ਖਾਣ ਪਾਰਬ੍ਰਹਮ! ਮੈਂ ਤੈਨੂੰ ਭਗਤੀ ਨਾਲ ਪਿਆਰ ਕਰਨ ਵਾਲਾ (ਜਾਣ ਕੇ) ਤੇਰੀ ਸਿਫ਼ਤ-ਸਾਲਾਹ ਕਰ ਰਿਹਾ ਹਾਂ ॥੨॥੧॥੫੩॥
29611	683	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29612	683	ਹਲਤਿ ਸੁਖੁ ਪਲਤਿ ਸੁਖੁ ਨਿਤ ਸੁਖੁ ਸਿਮਰਨੋ ਨਾਮੁ ਗੋਬਿੰਦ ਕਾ ਸਦਾ ਲੀਜੈ॥		Halath Sukh Palath Sukh Nith Sukh Simarano Naam Gobindh Kaa Sadhaa Leejai ||	Peace in this world, peace in the next world and peace forever, remembering Him in meditation. Chant forever the Name of the Lord of the Universe.	ਹੇ ਭਾਈ! ਪਰਮਾਤਮਾ ਦਾ ਨਾਮ ਸਦਾ ਸਿਮਰਨਾ ਚਾਹੀਦਾ ਹੈ। ਸਿਮਰਨ ਇਸ ਲੋਕ ਵਿਚ ਪਰਲੋਕ ਵਿਚ ਸਦਾ ਹੀ ਸੁਖ ਦੇਣ ਵਾਲਾ ਹੈ।
29613	683	ਮਿਟਹਿ ਕਮਾਣੇ ਪਾਪ ਚਿਰਾਣੇ ਸਾਧਸੰਗਤਿ ਮਿਲਿ ਮੁਆ ਜੀਜੈ॥੧॥ਰਹਾਉ॥		Mittehi Kamaanae Paap Chiraanae Saadhhasangath Mil Muaa Jeejai ||1|| Rehaao ||	The sins of past lives are erased, by joining the Saadh Sangat, the Company of the Holy; new life is infused into the dead. ||1||Pause||	(ਸਿਮਰਨ ਦੀ ਬਰਕਤਿ ਨਾਲ) ਚਿਰਾਂ ਦੇ ਕੀਤੇ ਹੋਏ ਪਾਪ ਮਿਟ ਜਾਂਦੇ ਹਨ। ਹੇ ਭਾਈ! ਸਾਧ ਸੰਗਤਿ ਵਿਚ ਮਿਲ ਕੇ (ਸਿਮਰਨ ਕਰਨ ਨਾਲ) ਆਤਮਕ ਮੌਤੇ ਮਰਿਆ ਹੋਇਆ ਮਨੁੱਖ ਮੁੜ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ ॥੧॥ ਰਹਾਉ ॥
29614	683	ਰਾਜ ਜੋਬਨ ਬਿਸਰੰਤ ਹਰਿ ਮਾਇਆ ਮਹਾ ਦੁਖੁ ਏਹੁ ਮਹਾਂਤ ਕਹੈ॥	(ਮਹਾਂਤ) ਬ੍ਰਹਮਗਿਆਨੀ ਸਗਲ ਕੀ ਰੀਨਾ	Raaj Joban Bisaranth Har Maaeiaa Mehaa Dhukh Eaehu Mehaanth Kehai ||	In power, youth and Maya, the Lord is forgotten; this is the greatest tragedy - so say the spiritual sages.	ਹੇ ਭਾਈ! ਰਾਜ ਅਤੇ ਜਵਾਨੀ (ਦੇ ਹੁਲਾਰੇ) ਪਰਮਾਤਮਾ ਦਾ ਨਾਮ ਭੁਲਾ ਦੇਂਦੇ ਹਨ! ਮਾਇਆ ਦਾ ਮੋਹ ਵੱਡਾ ਦੁੱਖ (ਦਾ ਮੂਲ) ਹੈ- ਇਹ ਗੱਲ ਮਹਾ ਪੁਰਖ ਦੱਸਦੇ ਹਨ।

29615	683	ਆਸ ਪਿਆਸ ਰਮਣ ਹਰਿ ਕੀਰਤਨ ਏਹੁ ਪਦਾਰਥੁ ਭਾਗਵੰਤੁ ਲਹੈ॥੧॥		Aas Piaas Raman Har Keerathan Eaehu Padhaarathh Bhaagavanth Lehai ||1||	Hope and desire to sing the Kirtan of the Lord's Praises - this is the treasure of the most fortunate devotees. ||1||	ਪਰਮਾਤਮਾ ਦੇ ਨਾਮ ਦੇ ਸਿਮਰਨ, ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਆਸ ਅਤੇ ਤਾਂਘ-ਇਹ ਕੀਮਤੀ ਚੀਜ਼ ਕੋਈ ਵਿਰਲਾ ਭਾਗਾਂ ਵਾਲਾ ਮਨੁੱਖ ਪ੍ਰਾਪਤ ਕਰਦਾ ਹੈ ॥੧॥
29616	683	ਸਰਣਿ ਸਮਰਥ ਅਕਥ ਅਗੋਚਰਾ ਪਤਿਤ ਉਧਾਰਣ ਨਾਮੁ ਤੇਰਾ॥	ਸਮਰੱਥ ।ਅ-ਕਥ:ਪੋਲਾ ਬੋਲੋ	Saran Samarathh Akathh Agocharaa Pathith Oudhhaaran Naam Thaeraa ||	O Lord of Sanctuary, all-powerful, imperceptible and unfathomable - Your Name is the Purifier of sinners.	ਹੇ ਸ਼ਰਨ ਆਏ ਦੀ ਸਹਾਇਤਾ ਕਰਨ ਜੋਗੇ! ਹੇ ਅਕੱਥ! ਹੇ ਅਗੋਚਰ! ਤੇਰਾ ਨਾਮ ਵਿਕਾਰੀਆਂ ਨੂੰ ਵਿਕਾਰਾਂ ਤੋਂ ਬਚਾ ਲੈਣ ਵਾਲਾ ਹੈ।
29617	683	ਅੰਤਰਜਾਮੀ ਨਾਨਕ ਕੇ ਸੁਆਮੀ ਸਰਬਤ ਪੂਰਨ ਠਾਕੁਰੁ ਮੇਰਾ॥੨॥੨॥੫੪॥		Antharajaamee Naanak Kae Suaamee Sarabath Pooran Thaakur Maeraa ||2||2||54||	The Inner-knower, the Lord and Master of Nanak is totally pervading and permeating everywhere; He is my Lord and Master. ||2||2||54||	ਹੇ ਅੰਤਰਜਾਮੀ! ਹੇ ਨਾਨਕ ਦੇ ਮਾਲਕ! (ਤੂੰ) ਮੇਰਾ ਮਾਲਕ-ਪ੍ਰਭੂ ਸਭ ਥਾਈਂ ਵਿਆਪਕ ਹੈ ॥੨॥੨॥੫੪॥
29618	683	ਧਨਾਸਰੀ ਮਹਲਾ ੫ ਘਰੁ ੧੨		Dhhanaasaree Mehalaa 5 Ghar 12	Dhanaasaree, Fifth Mehl, Twelfth House:	ਰਾਗ ਧਨਾਸਰੀ, ਘਰ ੧੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
29619	683	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

29620	683	ਬੰਦਨਾ ਹਰਿ ਬੰਦਨਾ ਗੁਣ ਗਾਵਹੁ ਗੋਪਾਲ ਰਾਇ॥ਰਹਾਉ॥		Bandhanaa Har Bandhanaa Gun Gaavahu Gopaal Raae || Rehaao ||	I bow in reverence to the Lord, I bow in reverence. I sing the Glorious Praises of the Lord, my King. ||Pause||	ਹੇ ਭਾਈ! ਪਰਮਾਤਮਾ ਨੂੰ ਸਦਾ ਨਮਸਕਾਰ ਕਰਿਆ ਕਰੋ, ਪ੍ਰਭੂ ਪਾਤਿਸ਼ਾਹ ਦੇ ਗੁਣ ਗਾਂਦੇ ਰਹੋ ਰਹਾਉ॥
29621	683	ਵਡੈਭਾਗਿ ਭੇਟੇ ਗੁਰਦੇਵਾ॥		Vaddai Bhaag Bhaettae Guradhaevaa ||	By great good fortune, one meets the Divine Guru.	ਹੇ ਭਾਈ! ਜਿਸ ਮਨੁੱਖ ਨੂੰ ਵੱਡੀ ਕਿਸਮਤ ਨਾਲ ਗੁਰੂ ਮਿਲ ਪੈਂਦਾ ਹੈ,
29622	683	ਕੋਟਿ ਪਰਾਧ ਮਿਟੇ ਹਰਿ ਸੇਵਾ॥੧॥		Kott Paraadhh Mittae Har Saevaa ||1||	Millions of sins are erased by serving the Lord. ||1||	(ਗੁਰੂ ਦੀ ਰਾਹੀਂ) ਪਰਮਾਤਮਾ ਦੀ ਸੇਵਾ-ਭਗਤੀ ਕਰਨ ਨਾਲ ਉਸ ਦੇ ਕ੍ਰੋੜਾਂ ਪਾਪ ਮਿਟ ਜਾਂਦੇ ਹਨ ॥੧॥
29623	684	ਚਰਨਕਮਲ ਜਾ ਕਾ ਮਨੁ ਰਾਪੈ॥		Charan Kamal Jaa Kaa Man Raapai ||	One whose mind is imbued with the Lord's lotus feet	ਹੇ ਭਾਈ! ਜਿਸ ਮਨੁੱਖ ਦਾ ਮਨ ਪਰਮਾਤਮਾ ਦੇ ਸੋਹਣੇ ਚਰਨਾਂ (ਦੇ ਪ੍ਰੇਮ-ਰੰਗ) ਵਿਚ ਰੰਗਿਆ ਜਾਂਦਾ ਹੈ,
29624	684	ਸੋਗ ਅਗਨਿ ਤਿਸੁ ਜਨ ਨ ਬਿਆਪੈ॥੨॥		Sog Agan This Jan N Biaapai ||2||	Is not afflicted by the fire of sorrow. ||2||	ਉਸ ਮਨੁੱਖ ਉਤੇ ਚਿੰਤਾ ਦੀ ਅੱਗ ਜ਼ੋਰ ਨਹੀਂ ਪਾ ਸਕਦੀ ॥੨॥
29625	684	ਸਾਗਰੁ ਤਰਿਆ ਸਾਧੂਸੰਗੇ॥		Saagar Thariaa Saadhhoo Sangae ||	He crosses over the world-ocean in the Saadh Sangat, the Company of the Holy.	ਹੇ ਭਾਈ! ਗੁਰੂ ਦੀ ਸੰਗਤਿ ਵਿਚ (ਨਾਮ ਜਪਣ ਦੀ ਬਰਕਤਿ ਨਾਲ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ।

29626	684	ਨਿਰਭਉ ਨਾਮੁ ਜਪਹੁ ਹਰਿ ਰੰਗੇ॥੩॥		Nirabho Naam Japahu Har Rangae ||3||	He chants the Name of the Fearless Lord, and is imbued with the Lord's Love. ||3||	ਪ੍ਰੇਮ ਨਾਲ ਨਿਰਭਉ ਪ੍ਰਭੂ ਦਾ ਨਾਮ ਜਪਿਆ ਕਰੋ ॥੩॥
29627	684	ਪਰ ਧਨ ਦੋਖ ਕਿਛੁ ਪਾਪ ਨ ਫੇੜੇ॥	(ਫੇੜੇ) ਮੰਦੇ ਕਰਮ	Par Dhhan Dhokh Kishh Paap N Faerrae ||	One who does not steal the wealth of others, who does not commit evil deeds or sinful acts	ਹੇ ਭਾਈ! (ਸਿਮਰਨ ਦਾ ਸਦਕਾ) ਪਰਾਏ ਧਨ (ਆਦਿਕ) ਦੇ ਕੋਈ ਐਬ ਪਾਪ ਮੰਦੇ ਕਰਮ ਨਹੀਂ ਹੁੰਦੇ,
29628	684	ਜਮ ਜੰਦਾਰੁ ਨ ਆਵੈ ਨੇੜੇ॥੪॥		Jam Jandhaar N Aavai Naerrae ||4||	- the Messenger of Death does not even approach him. ||4||	ਭਿਆਨਕ ਜਮ ਭੀ ਨੇੜੇ ਨਹੀਂ ਢੁਕਦਾ (ਮੌਤ ਦਾ ਡਰ ਨਹੀਂ ਵਿਆਪਦਾ, ਆਤਮਕ ਮੌਤ ਨੇੜੇ ਨਹੀਂ ਆਉਂਦੀ) ॥੪॥
29629	684	ਤ੍ਰਿਸਨਾ ਅਗਨਿ ਪ੍ਰਭਿ ਆਪਿ ਬੁਝਾਈ॥	ਬੁਝਾਈ:ਪੋਲਾ ਬੋਲੋ	Thrisanaa Agan Prabh Aap Bujhaaee ||	God Himself quenches the fires of desire.	ਹੇ ਭਾਈ! (ਜੇਹੜੇ ਮਨੁੱਖ ਪ੍ਰਭੂ ਦੇ ਗੁਣ ਗਾਂਦੇ ਹਨ) ਉਹਨਾਂ ਦੀ ਤ੍ਰਿਸ਼ਨਾ ਦੀ ਅੱਗ ਪ੍ਰਭੂ ਨੇ ਆਪ ਬੁਝਾ ਦਿੱਤੀ ਹੈ।
29630	684	ਨਾਨਕ ਉਧਰੇ ਪ੍ਰਭ ਸਰਣਾਈ॥੫॥੧॥੫੫॥		Naanak Oudhharae Prabh Saranaaee ||5||1||55||	O Nanak, in God's Sanctuary, one is saved. ||5||1||55||	ਹੇ ਨਾਨਕ! ਪ੍ਰਭੂ ਦੀ ਸਰਨ ਪੈ ਕੇ (ਅਨੇਕਾਂ ਜੀਵ ਤ੍ਰਿਸ਼ਨਾ ਦੀ ਅੱਗ ਵਿਚੋਂ) ਬਚ ਨਿਕਲਦੇ ਹਨ ॥੫॥੧॥੫੫॥
29631	684	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29632	684	ਤ੍ਰਿਪਤਿ ਭਈ ਸਚੁ ਭੋਜਨੁ ਖਾਇਆ॥		Thripath Bhee Sach Bhojan Khaaeiaa ||	I am satisfied and satiated, eating the food of Truth.	ਹੇ ਭਾਈ! ਉਸ ਮਨੁੱਖ ਨੇ ਸਦਾ-ਥਿਰ ਹਰਿ-ਨਾਮ (ਦੀ) ਖ਼ੁਰਾਕ ਖਾਣੀ ਸ਼ੁਰੂ ਕਰ ਦਿੱਤੀ ਉਸ ਨੂੰ (ਮਾਇਆ ਦੀ ਤ੍ਰਿਸ਼ਨਾ ਵਲੋਂ) ਸ਼ਾਂਤੀ ਆ ਜਾਂਦੀ ਹੈ,
29633	684	ਮਨਿ ਤਨਿ ਰਸਨਾ ਨਾਮੁ ਧਿਆਇਆ॥੧॥		Man Than Rasanaa Naam Dhhiaaeiaa ||1||	With my mind, body and tongue, I meditate on the Naam, the Name of the Lord. ||1||	ਜਿਸ ਮਨੁੱਖ ਨੇ ਆਪਣੇ ਮਨ ਵਿਚ, ਹਿਰਦੇ ਵਿਚ, ਜੀਭ ਨਾਲ ਪਰਮਾਤਮਾ ਦਾ ਨਾਮ ਸਿਮਰਨਾ ਸ਼ੁਰੂ ਕਰ ਦਿੱਤਾ ॥੧॥
29634	684	ਜੀਵਨਾ ਹਰਿ ਜੀਵਨਾ॥		Jeevanaa Har Jeevanaa ||	Life, spiritual life, is in the Lord.	ਹੇ ਭਾਈ! ਇਹੀ ਹੈ ਅਸਲ ਜੀਵਨ, ਇਹੀ ਹੈ ਅਸਲ ਜ਼ਿੰਦਗ਼ੀ!
29635	684	ਜੀਵਨੁ ਹਰਿ ਜਪਿ ਸਾਧਸੰਗਿ॥੧॥ਰਹਾਉ ॥		Jeevan Har Jap Saadhhasang ||1|| Rehaao ||	Spiritual life consists of chanting the Lord's Name in the Saadh Sangat, the Company of the Holy. ||1||Pause||	(ਕਿ) ਸਾਧ ਸੰਗਤਿ ਵਿਚ (ਬੈਠ ਕੇ) ਪਰਮਾਤਮਾ ਦਾ ਨਾਮ ਜਪਿਆ ਕਰੋ ॥੧॥ ਰਹਾਉ ॥
29636	684	ਅਨਿਕ ਪ੍ਰਕਾਰੀ ਬਸਤ੍ਰ ਓਢਾਏ॥		Anik Prakaaree Basathr Oudtaaeae ||	He is dressed in robes of all sorts,	ਉਸ ਮਨੁੱਖ ਨੇ (ਮਾਨੋ) ਕਈ ਕਿਸਮਾਂ ਦੇ (ਵੰਨ ਸੁਵੰਨੇ) ਕੱਪੜੇ ਪਹਿਨ ਲਏ ਹਨ (ਤੇ ਉਹ ਇਹਨਾਂ ਸੋਹਣੀਆਂ ਪੁਸ਼ਾਕਾਂ ਦਾ ਆਨੰਦ ਮਾਣ ਰਿਹਾ ਹੈ),
29637	684	ਅਨਦਿਨੁ ਕੀਰਤਨੁ ਹਰਿ ਗੁਨ ਗਾਏ॥੨॥		Anadhin Keerathan Har Gun Gaaeae ||2||	If he sings the Kirtan of the Lord's Glorious Praises, day and night. ||2||	ਜੇਹੜਾ ਮਨੁੱਖ ਹਰ ਵੇਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ, ਪ੍ਰਭੂ ਦੇ ਗੁਣ ਗਾਂਦਾ ਹੈ ॥੨॥

29638	684	ਹਸਤੀ ਰਥ ਅਸੁ ਅਸਵਾਰੀ॥	(ਅਸੁ) ਘੋੜਾ	Hasathee Rathh As Asavaaree ||	He rides upon elephants, chariots and horses,	ਹੇ ਭਾਈ! ਉਹ ਮਨੁੱਖ (ਮਾਨੋ) ਹਾਥੀ ਰਥਾਂ ਘੋੜਿਆਂ ਦੀ ਸਵਾਰੀ (ਦਾ ਸੁਖ ਮਾਣ ਰਿਹਾ ਹੈ)
29639	684	ਹਰਿ ਕਾ ਮਾਰਗੁ ਰਿਦੈ ਨਿਹਾਰੀ॥੩॥	(ਨਿਹਾਰੀ) ਦੇਖਦਾ	Har Kaa Maarag Ridhai Nihaaree ||3||	If he sees the Lord's Path within his own heart. ||3||	ਜੇਹੜਾ ਮਨੁੱਖ ਆਪਣੇ ਹਿਰਦੇ ਵਿਚ ਪਰਮਾਤਮਾ ਦੇ ਮਿਲਾਪ ਦਾ ਰਾਹ ਤੱਕਦਾ ਰਹਿੰਦਾ ਹੈ ॥੩॥
29640	684	ਮਨ ਤਨ ਅੰਤਰਿ ਚਰਨ ਧਿਆਇਆ॥		Man Than Anthar Charan Dhhiaaeiaa ||	Meditating on the Lord's Feet, deep within his mind and body,	ਜਿਸ ਮਨੁੱਖ ਨੇ ਆਪਣੇ ਮਨ ਵਿਚ ਹਿਰਦੇ ਵਿਚ ਪਰਮਾਤਮਾ ਦੇ ਚਰਨਾਂ ਦਾ ਧਿਆਨ ਧਰਨਾ ਸ਼ੁਰੂ ਕਰ ਦਿੱਤਾ ਹੈ,
29641	684	ਹਰਿ ਸੁਖ ਨਿਧਾਨ ਨਾਨਕ ਦਾਸਿ ਪਾਇਆ॥੪॥੨॥੫੬॥		Har Sukh Nidhhaan Naanak Dhaas Paaeiaa ||4||2||56||	Slave Nanak has found the Lord, the treasure of peace. ||4||2||56||	ਹੇ ਨਾਨਕ! ਉਸ ਦਾਸ ਨੇ ਸੁਖਾਂ ਦੇ ਖ਼ਜ਼ਾਨੇ ਪ੍ਰਭੂ ਨੂੰ ਲੱਭ ਲਿਆ ਹੈ ॥੪॥੨॥੫੬॥
29642	684	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	
29643	684	ਗੁਰ ਕੇ ਚਰਨ ਜੀਅ ਕਾ ਨਿਸਤਾਰਾ॥		Gur Kae Charan Jeea Kaa Nisathaaraa ||	The Guru's feet emancipate the soul.	ਹੇ ਭਾਈ! ਉਸ ਗੁਰੂ ਦੇ ਚਰਨਾਂ ਦਾ ਧਿਆਨ ਜਿੰਦ ਵਾਸਤੇ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਵਸੀਲਾ ਹਨ,

29644	684	ਸਮੁੰਦੁ ਸਾਗਰੁ ਜਿਨਿ ਖਿਨ ਮਹਿ ਤਾਰਾ॥੧॥ਰਹਾਉ॥		Samundh Saagar Jin Khin Mehi Thaaraa ||1|| Rehaao ||	They carry it across the world-ocean in an instant. ||1||Pause||	ਜਿਸ (ਗੁਰੂ) ਨੇ (ਸਰਨ ਆਏ ਮਨੁੱਖ ਨੂੰ ਸਦਾ) ਇਕ ਛਿਨ ਵਿਚ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦਿੱਤਾ ॥੧॥ ਰਹਾਉ ॥
29645	684	ਕੋਈ ਹੋਆ ਕ੍ਰਮ ਰਤੁ ਕੋਈ ਤੀਰਥ ਨਾਇਆ॥	(ਕ੍ਰਮ) ਕਰਮ ਕਾਂਡ। (ਰਤੁ) ਮਸਤ- ਨ੍ਹਾਇਆ	Koee Hoaa Kram Rath Koee Theerathh Naaeiaa ||	Some love rituals, and some bathe at sacred shrines of pilgrimage.	ਹੇ ਭਾਈ! ਕੋਈ ਮਨੁੱਖ ਧਾਰਮਿਕ ਰਸਮਾਂ ਦਾ ਪ੍ਰੇਮੀ ਬਣ ਜਾਂਦਾ ਹੈ; ਕੋਈ ਮਨੁੱਖ ਤੀਰਥਾਂ ਉੱਤੇ ਇਸ਼ਨਾਨ ਕਰਦਾ ਫਿਰਦਾ ਹੈ।
29646	684	ਦਾਸੀ ਹਰਿ ਕਾ ਨਾਮੁ ਧਿਆਇਆ॥੧॥		Dhaasanee Har Kaa Naam Dhhiaaeiaa ||1||	The Lord's slaves meditate on His Name. ||1||	ਪਰਮਾਤਮਾ ਦੇ ਦਾਸਾਂ ਨੇ (ਸਦਾ) ਪਰਮਾਤਮਾ ਦਾ ਨਾਮ ਹੀ ਸਿਮਰਿਆ ਹੈ ॥੧॥
29647	684	ਬੰਧਨ ਕਾਟਨਹਾਰੁ ਸੁਆਮੀ॥		Bandhhan Kaattanehaar Suaamee ||	The Lord Master is the Breaker of bonds.	ਹੇ ਭਾਈ! ਜੋ ਪਰਮਾਤਮਾ ਸਭ ਦਾ ਮਾਲਕ ਹੈ, ਜੋ (ਜੀਵਾਂ ਦੇ ਮਾਇਆ ਦੇ) ਬੰਧਨ ਕੱਟਣ ਦੀ ਸਮਰਥਾ ਰੱਖਦਾ ਹੈ,
29648	684	ਜਨ ਨਾਨਕੁ ਸਿਮਰੈ ਅੰਤਰਜਾਮੀ॥੨॥੩॥੫੭॥		Jan Naanak Simarai Antharajaamee ||2||3||57||	Servant Nanak meditates in remembrance on the Lord, the Inner-knower, the Searcher of hearts. ||2||3||57||	ਦਾਸ ਨਾਨਕ (ਭੀ ਉਸ ਪਰਮਾਤਮਾ ਦਾ ਨਾਮ) ਸਿਮਰਦਾ ਹੈ ਜੋ ਸਭ ਦੇ ਦਿਲ ਦੀ ਜਾਣਨ ਵਾਲਾ ਹੈ ॥੨॥੩॥੫੭॥
29649	684	ਧਨਾਸਰੀ ਮਹਲਾ ੫॥		Dhhanaasaree Mehalaa 5 ||	Dhanaasaree, Fifth Mehl:	

29650	684	ਕਿਤੈ ਪ੍ਰਕਾਰਿ ਨ ਤੂਟਉ ਪ੍ਰੀਤਿ॥		Kithai Prakaar N Thootto Preeth ||	The lifestyle of Your slave is so pure,	ਹੇ ਪ੍ਰਭੂ! ਕਿਸੇ ਤਰ੍ਹਾਂ ਭੀ (ਤੇਰੇ ਦਾਸਾਂ ਦੀ) ਪ੍ਰੀਤਿ (ਕਿਧਰੇ ਤੇਰੇ ਨਾਲੋਂ) ਟੁੱਟ ਨਾਹ ਜਾਏ,
29651	684	ਦਾਸ ਤੇਰੇ ਕੀ ਨਿਰਮਲ ਰੀਤਿ॥੧॥ਰਹਾਉ॥		Dhaas Thaerae Kee Niramal Reeth ||1|| Rehaao ||	That nothing can break his love for You. ||1||Pause||	(ਇਸ ਲਈ) ਤੇਰੇ ਦਾਸਾਂ ਦੀ ਰਹਿਣੀ-ਬਹਿਣੀ ਪਵਿਤ੍ਰ ਰਹਿੰਦੀ ਹੈ ॥੧॥ ਰਹਾਉ ॥
29652	684	ਜੀਅ ਪ੍ਰਾਨ ਮਨ ਧਨ ਤੇ ਪਿਆਰਾ॥		Jeea Praan Man Dhhan Thae Piaaraa ||	He is more dear to me than my soul, my breath of life, my mind and my wealth.	ਹੇ ਭਾਈ! ਪਰਮਾਤਮਾ ਦੇ ਦਾਸਾਂ ਨੂੰ ਆਪਣੀ ਜਿੰਦ ਨਾਲੋਂ, ਪ੍ਰਾਣਾਂ ਨਾਲੋਂ, ਮਨ ਨਾਲੋਂ, ਧਨ ਨਾਲੋਂ, ਉਹ ਪਰਮਾਤਮਾ ਸਦਾ ਪਿਆਰਾ ਲੱਗਦਾ ਹੈ,
29653	684	ਹਉਮੈ ਬੰਧੁ ਹਰਿ ਦੇਵਣਹਾਰਾ॥੧॥		Houmai Bandhh Har Dhaevanehaaraa ||1||	The Lord is the Giver, the Restrainer of the ego. ||1||	ਜੋ ਹਉਮੈ ਦੇ ਰਾਹ ਵਿਚ ਬੰਨ੍ਹ ਮਾਰਨ ਦੀ ਸਮਰਥਾ ਰੱਖਦਾ ਹੈ ॥੧॥
29654	684	ਚਰਨਕਮਲ ਸਿਉ ਲਾਗਉ ਨੇਹੁ॥		Charan Kamal Sio Laago Naehu ||	I am in love with the Lord's lotus feet.	ਹੇ ਭਾਈ! ਉਸ ਦੇ ਸੋਹਣੇ ਚਰਨਾਂ ਨਾਲ (ਨਾਨਕ ਦਾ) ਪਿਆਰ ਬਣਿਆ ਰਹੇ,
29655	684	ਨਾਨਕ ਕੀ ਬੇਨੰਤੀ ਏਹ॥੨॥੪॥੫੮॥		Naanak Kee Baenanthee Eaeh ||2||4||58||	This alone is Nanak's prayer. ||2||4||58||	ਨਾਨਕ ਦੀ (ਪਰਮਾਤਮਾ ਦੇ ਦਰ ਤੇ ਸਦਾ) ਇਹੀ ਅਰਦਾਸ ਹੈ ॥੨॥੪॥੫੮॥
29656	684	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

29657	684	ਧਨਾਸਰੀ ਮਹਲਾ ੯॥		Dhhanaasaree Mehalaa 9 ||	Dhanaasaree, Ninth Mehl:	ਰਾਗ ਧਨਾਸਰੀ ਵਿੱਚ ਗੁਰੂ ਤੇਗਬਹਾਦਰ ਜੀ ਦੀ ਬਾਣੀ।
29658	684	ਕਾਹੇ ਰੇ ਬਨ ਖੋਜਨ ਜਾਈ॥		Kaahae Rae Ban Khojan Jaaee ||	Why do you go looking for Him in the forest?	ਹੇ ਭਾਈ! (ਪਰਮਾਤਮਾ ਨੂੰ) ਲੱਭਣ ਵਾਸਤੇ ਤੂੰ ਜੰਗਲਾਂ ਵਿਚ ਕਿਉਂ ਜਾਂਦਾ ਹੈਂ?
29659	684	ਸਰਬ ਨਿਵਾਸੀ ਸਦਾ ਅਲੇਪਾ ਤੋਹੀ ਸੰਗਿ ਸਮਾਈ॥੧॥ ਰਹਾਉ॥		Sarab Nivaasee Sadhaa Alaepaa Thohee Sang Samaaee ||1|| Rehaao ||	Although he is unattached, he dwells everywhere. He is always with you as your companion. ||1||Pause||	ਪਰਮਾਤਮਾ ਸਭ ਵਿਚ ਵੱਸਣ ਵਾਲਾ ਹੈ, (ਫਿਰ ਭੀ) ਸਦਾ (ਮਾਇਆ ਦੇ ਪ੍ਰਭਾਵ ਤੋਂ) ਨਿਰਲੇਪ ਰਹਿੰਦਾ ਹੈ। ਉਹ ਪਰਮਾਤਮਾ ਤੇਰੇ ਨਾਲ ਹੀ ਵੱਸਦਾ ਹੈ ॥੧॥ ਰਹਾਉ ॥
29660	684	ਪੁਹਪ ਮਧਿ ਜਿਉ ਬਾਸੁ ਬਸਤੁ ਹੈ ਮੁਕਰ ਮਾਹਿ ਜੈਸੇ ਛਾਈ॥	ਮਧਿ:ਪੋਲਾ ਬੋਲੋ। (ਮੁਕਰ) ਸ਼ੀਸ਼ਾ। ਮੁਕਰ:ਪੋਲਾ ਬੋਲੋ	Puhap Madhh Jio Baas Basath Hai Mukar Maahi Jaisae Shhaaee ||	Like the fragrance which remains in the flower, and like the reflection in the mirror,	ਹੇ ਭਾਈ! ਜਿਵੇਂ ਫੁੱਲ ਵਿਚ ਸੁਗੰਧੀ ਵੱਸਦੀ ਹੈ, ਜਿਵੇਂ ਸ਼ੀਸ਼ੇ ਵਿਚ (ਸ਼ੀਸ਼ਾ ਵੇਖਣ ਵਾਲੇ ਦਾ) ਅਕਸ ਵੱਸਦਾ ਹੈ,
29661	684	ਤੈਸੇ ਹੀ ਹਰਿ ਬਸੇ ਨਿਰੰਤਰਿ ਘਟ ਹੀ ਖੋਜਹੁ ਭਾਈ॥੧॥	ਘਟ:ਪੋਲਾ ਬੋਲੋ	Thaisae Hee Har Basae Niranthar Ghatt Hee Khojahu Bhaaee ||1||	The Lord dwells deep within; search for Him within your own heart, O Siblings of Destiny. ||1||	ਤਿਵੇਂ ਪਰਮਾਤਮਾ ਇਕ-ਰਸ ਸਭਨਾਂ ਦੇ ਅੰਦਰ ਵੱਸਦਾ ਹੈ। (ਇਸ ਵਾਸਤੇ, ਉਸ ਨੂੰ) ਆਪਣੇ ਹਿਰਦੇ ਵਿਚ ਹੀ ਲੱਭ ॥੧॥

29662	684	ਬਾਹਰਿ ਭੀਤਰਿ ਏਕੋ ਜਾਨਹੁ ਇਹੁ ਗੁਰ ਗਿਆਨੁ ਬਤਾਈ॥		Baahar Bheethar Eaeko Jaanahu Eihu Gur Giaan Bathaaee ||	Outside and inside, know that there is only the One Lord; the Guru has imparted this wisdom to me.	ਹੇ ਭਾਈ! ਗੁਰੂ ਦਾ (ਆਤਮਕ ਜੀਵਨ ਦਾ) ਉਪਦੇਸ਼ ਇਹ ਦੱਸਦਾ ਹੈ ਕਿ (ਆਪਣੇ ਸਰੀਰ ਦੇ) ਅੰਦਰ (ਅਤੇ ਆਪਣੇ ਸਰੀਰ ਤੋਂ) ਬਾਹਰ (ਹਰ ਥਾਂ) ਇਕ ਪਰਮਾਤਮਾ ਨੂੰ (ਵੱਸਦਾ) ਸਮਝੋ।
29663	684	ਜਨ ਨਾਨਕ ਬਿਨੁ ਆਪਾ ਚੀਨੈ ਮਿਟੈ ਨ ਭ੍ਰਮ ਕੀ ਕਾਈ॥੨॥੧॥	(ਕਾਈ) ਮੈਲ਼	Jan Naanak Bin Aapaa Cheenai Mittai N Bhram Kee Kaaee ||2||1||	O servant Nanak, without knowing one's own self, the moss of doubt is not removed. ||2||1||	ਹੇ ਦਾਸ ਨਾਨਕ! ਆਪਣਾ ਆਤਮਕ ਜੀਵਨ ਪਰਖਣ ਤੋਂ ਬਿਨਾ (ਮਨ ਉੱਤੋਂ) ਭਟਕਣਾ ਦਾ ਜਾਲਾ ਦੂਰ ਨਹੀਂ ਹੋ ਸਕਦਾ (ਤੇ, ਉਤਨਾ ਚਿਰ ਸਰਬ-ਵਿਆਪਕ ਪਰਮਾਤਮਾ ਦੀ ਸੂਝ ਨਹੀਂ ਆ ਸਕਦੀ) ॥੨॥੧॥
29664	684	ਧਨਾਸਰੀ ਮਹਲਾ ੯॥		Dhhanaasaree Mehalaa 9 ||	Dhanaasaree, Ninth Mehl:	
29665	684	ਸਾਧੋ ਇਹੁ ਜਗੁ ਭਰਮ ਭੁਲਾਨਾ॥	ਜੱਗੁ	Saadhho Eihu Jag Bharam Bhulaanaa ||	O Holy people, this world is deluded by doubt.	ਹੇ ਸੰਤ ਜਨੋ! ਇਹ ਜਗਤ (ਮਾਇਆ ਦੀ) ਭਟਕਣਾ ਵਿਚ (ਪੈ ਕੇ) ਕੁਰਾਹੇ ਪਿਆ ਰਹਿੰਦਾ ਹੈ।
29666	684	ਰਾਮ ਨਾਮ ਕਾ ਸਿਮਰਨੁ ਛੋਡਿਆ ਮਾਇਆ ਹਾਥਿ ਬਿਕਾਨਾ॥੧॥ਰਹਾਉ॥		Raam Naam Kaa Simaran Shhoddiaa Maaeiaa Haathh Bikaanaa ||1|| Rehaao ||	It has forsaken the meditative remembrance of the Lord's Name, and sold itself out to Maya. ||1||Pause||	ਪ੍ਰਭੂ ਦੇ ਨਾਮ ਦਾ ਸਿਮਰਨ ਛੱਡੀ ਰੱਖਦਾ ਹੈ, ਤੇ, ਮਾਇਆ ਦੇ ਹੱਥ ਵਿਚ ਵਿਕਿਆ ਰਹਿੰਦਾ ਹੈ (ਮਾਇਆ ਦੇ ਵੱਟੇ ਆਤਮਕ ਜੀਵਨ ਗਵਾ ਦੇਂਦਾ ਹੈ) ॥੧॥ ਰਹਾਉ ॥

29667	684	ਮਾਤ ਪਿਤਾ ਭਾਈ ਸੁਤ ਬਨਿਤਾ ਤਾ ਕੈ ਰਸ ਲਪਟਾਨਾ॥		Maath Pithaa Bhaaee Suth Banithaa Thaa Kai Ras Lapattaanaa ||	Mother, father, siblings, children and spouse - he is entangled in their love.	ਹੇ ਸੰਤ ਜਨੋ! ਮਾਂ, ਪਿਉ, ਭਰਾ, ਪੁੱਤਰ, ਇਸਤ੍ਰੀ-(ਭੁੱਲਾ ਹੋਇਆ ਜਗਤ) ਇਹਨਾਂ ਦੇ ਮੋਹ ਵਿਚ ਫਸਿਆ ਰਹਿੰਦਾ ਹੈ।
29668	685	ਜੋਬਨੁ ਧਨੁ ਪ੍ਰਭਤਾ ਕੈ ਮਦ ਮੈ ਅਹਿ ਨਿਸਿ ਰਹੈ ਦਿਵਾਨਾ॥੧॥	(ਪ੍ਰਭਤਾ) ਵਡਿਆਈ। ਮਦ:ਪੋਲਾ ਬੋਲੋ	Joban Dhhan Prabhathaa Kai Madh Mai Ahinis Rehai Dhivaanaa ||1||	In the pride of youth, wealth and glory, day and night, he remains intoxicated. ||1||	ਜਵਾਨੀ, ਧਨ, ਤਾਕਤ ਦੇ ਨਸ਼ੇ ਵਿਚ ਜਗਤ ਦਿਨ ਰਾਤ ਝੱਲਾ ਹੋਇਆ ਰਹਿੰਦਾ ਹੈ ॥੧॥
29669	685	ਦੀਨ ਦਇਆਲ ਸਦਾ ਦੁਖਭੰਜਨ ਤਾ ਸਿਉ ਮਨੁ ਨ ਲਗਾਨਾ॥		Dheen Dhaeiaal Sadhaa Dhukh Bhanjan Thaa Sio Man N Lagaanaa ||	God is merciful to the meek, and forever the Destroyer of pain, but the mortal does not center his mind on Him.	ਜੇਹੜਾ ਪਰਮਾਤਮਾ ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਜੇਹੜਾ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਜਗਤ ਉਸ ਨਾਲ ਆਪਣਾ ਮਨ ਨਹੀਂ ਜੋੜਦਾ।
29670	685	ਜਨ ਨਾਨਕ ਕੋਟਨ ਮੈ ਕਿਨਹੂ ਗੁਰਮੁਖਿ ਹੋਇ ਪਛਾਨਾ॥੨॥੨॥		Jan Naanak Kottan Mai Kinehoo Guramukh Hoe Pashhaanaa ||2||2||	O servant Nanak, among millions, only a rare few, as Gurmukh, realize God. ||2||2||	ਹੇ ਦਾਸ ਨਾਨਕ! (ਆਖ-) ਕ੍ਰੋੜਾਂ ਵਿਚੋਂ ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਨਾਲ ਸਾਂਝ ਪਾਈ ਹੈ ॥੨॥੨॥
29671	685	ਧਨਾਸਰੀ ਮਹਲਾ ੯॥		Dhhanaasaree Mehalaa 9 ||	Dhanaasaree, Ninth Mehl:	
29672	685	ਤਿਹ ਜੋਗੀ ਕਉ ਜੁਗਤਿ ਨ ਜਾਨਉ॥	(ਜੁਗਤਿ) ਜੁੜਿਆ	Thih Jogee Ko Jugath N Jaano ||	That Yogi does not know the way.	ਹੇ ਭਾਈ! ਮੈਂ ਸਮਝਦਾ ਹਾਂ ਕਿ ਉਸ ਜੋਗੀ ਨੂੰ (ਸਹੀ) ਜੀਵਨ-ਜਾਚ (ਅਜੇ) ਨਹੀਂ ਆਈ,

29673	685	ਲੋਭ ਮੋਹ ਮਾਇਆ ਮਮਤਾ ਫੁਨਿ ਜਿਹ ਘਟਿ ਮਾਹਿ ਪਛਾਨਉ॥੧॥ਰਹਾਉ ॥		Lobh Moh Maaeiaa Mamathaa Fun Jih Ghatt Maahi Pashhaano ||1|| Rehaao ||	Understand that his heart is filled with greed, emotional attachment, Maya and egotism. ||1||Pause||	ਜਿਸ (ਜੋਗੀ) ਦੇ ਹਿਰਦੇ ਵਿਚ ਮੈਂ ਲੋਭ ਮਾਇਆ ਦੇ ਮੋਹ ਅਤੇ ਮਮਤਾ (ਦੀਆਂ ਲਹਰਾਂ ਉੱਠ ਰਹੀਆਂ) ਵੇਖਦਾ ਹਾਂ ॥੧॥ ਰਹਾਉ ॥
29674	685	ਪਰ ਨਿੰਦਾ ਉਸਤਤਿ ਨਹ ਜਾ ਕੈ ਕੰਚਨ ਲੋਹ ਸਮਾਨੋ॥		Par Nindhaa Ousathath Neh Jaa Kai Kanchan Loh Samaano ||	One who does not slander or praise others, who looks upon gold and iron alike,	ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਪਰਾਈ ਨਿੰਦਿਆ ਨਹੀਂ ਹੈ, ਪਰਾਈ ਖ਼ੁਸ਼ਾਮਦ ਨਹੀਂ ਹੈ, ਜਿਸ ਨੂੰ ਸੋਨਾ ਲੋਹਾ ਇਕੋ ਜਿਹੇ ਦਿੱਸਦੇ ਹਨ,
29675	685	ਹਰਖ ਸੋਗ ਤੇ ਰਹੈ ਅਤੀਤਾ ਜੋਗੀ ਤਾਹਿ ਬਖਾਨੋ॥੧॥		Harakh Sog Thae Rehai Atheethaa Jogee Thaahi Bakhaano ||1||	Who is free from pleasure and pain - he alone is called a true Yogi. ||1||	ਜੇਹੜਾ ਮਨੁੱਖ ਖ਼ੁਸ਼ੀ ਗ਼ਮੀ ਤੋਂ ਨਿਰਲੇਪ ਰਹਿੰਦਾ ਹੈ; ਉਸ ਨੂੰ ਹੀ ਜੋਗੀ ਆਖ ॥੧॥
29676	685	ਚੰਚਲ ਮਨੁ ਦਹ ਦਿਸਿ ਕਉ ਧਾਵਤ ਅਚਲ ਜਾਹਿ ਠਹਰਾਨੋ॥	ਅ-ਚੱਲ	Chanchal Man Dheh Dhis Ko Dhhaavath Achal Jaahi Theharaano ||	The restless mind wanders in the ten directions - it needs to be pacified and restrained.	(ਹੇ ਭਾਈ!) ਇਹ ਸਦਾ ਭਟਕਦਾ ਰਹਿਣ ਵਾਲਾ ਮਨ ਦਸੀਂ ਦੌੜਦਾ ਫਿਰਦਾ ਹੈ। ਜਿਸ ਮਨੁੱਖ ਨੇ ਇਸ ਨੂੰ ਅਡੋਲ ਕਰ ਕੇ ਟਿਕਾ ਲਿਆ ਹੈ,

29677	685	ਕਹੁ ਨਾਨਕ ਇਹ ਬਿਧਿ ਕੋ ਜੋ ਨਰੁ ਮੁਕਤਿ ਤਾਹਿ ਤੁਮ ਮਾਨੋ॥੨॥੩॥	ਬਿਧਿ:ਪੋਲਾ ਬੋਲੋ	Kahu Naanak Eih Bidhh Ko Jo Nar Mukath Thaahi Thum Maano ||2||3||	Says Nanak, whoever knows this technique is judged to be liberated. ||2||3||	ਨਾਨਕ ਆਖਦਾ ਹੈ- ਜੇਹੜਾ ਮਨੁੱਖ ਇਸ ਕਿਸਮ ਦਾ ਹੈ, ਸਮਝ ਲੈ ਕਿ ਉਸ ਨੂੰ ਵਿਕਾਰਾਂ ਤੋਂ ਖ਼ਲਾਸੀ ਮਿਲ ਗਈ ਹੈ ॥੨॥੩॥
29678	685	ਧਨਾਸਰੀ ਮਹਲਾ ੯॥		Dhhanaasaree Mehalaa 9 ||	Dhanaasaree, Ninth Mehl:	
29679	685	ਅਬ ਮੈ ਕਉਨੁ ਉਪਾਉ ਕਰਉ॥		Ab Mai Koun Oupaao Karo ||	Now, what efforts should I make?	ਹੇ ਭਾਈ! ਹੁਣ ਮੈਂ ਕੇਹੜਾ ਜਤਨ ਕਰਾਂ?
29680	685	ਜਿਹ ਬਿਧਿ ਮਨ ਕੋ ਸੰਸਾ ਚੂਕੈ ਭਉ ਨਿਧਿ ਪਾਰ ਪਰਉ॥੧॥ਰਹਾਉ॥		Jih Bidhh Man Ko Sansaa Chookai Bho Nidhh Paar Paro ||1|| Rehaao ||	How can I dispel the anxieties of my mind? How can I cross over the terrifying world-ocean? ||1||Pause||	ਜਿਸ ਤਰ੍ਹਾਂ (ਮੇਰੇ) ਮਨ ਦਾ ਸਹਮ ਮੁੱਕ ਜਾਏ, ਅਤੇ, ਮੈਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਵਾਂ ॥੧॥ ਰਹਾਉ ॥
29681	685	ਜਨਮੁ ਪਾਇ ਕਛੂ ਭਲੋ ਨ ਕੀਨੋ ਤਾ ਤੇ ਅਧਿਕ ਡਰਉ॥		Janam Paae Kashh Bhalo N Keeno Thaa Thae Adhhik Ddaro ||	Obtaining this human incarnation, I have done no good deeds; this makes me very afraid!	ਹੇ ਭਾਈ! ਮਨੁੱਖਾ ਜਨਮ ਪ੍ਰਾਪਤ ਕਰ ਕੇ ਮੈਂ ਕੋਈ ਭਲਾਈ ਨਹੀਂ ਕੀਤੀ, ਇਸ ਵਾਸਤੇ ਮੈਂ ਬਹੁਤ ਡਰਦਾ ਰਹਿੰਦਾ ਹਾਂ।

29682	685	ਮਨ ਬਚ ਕ੍ਰਮ ਹਰਿ ਗੁਨ ਨਹੀ ਗਾਏ ਯਹ ਜੀਅ ਸੋਚ ਧਰਉ॥੧॥	ਯਹ:ਯ ਤਾਲੂ ਤੋਂ ਬੋਲੋ	Man Bach Kram Har Gun Nehee Gaaeae Yeh Jeea Soch Dhharo ||1||	In thought, word and deed, I have not sung the Lord's Praises; this thought worries my mind. ||1||	ਮੈਂ (ਆਪਣੀ) ਜਿੰਦ ਵਿਚ (ਹਰ ਵੇਲੇ) ਇਹੀ ਚਿੰਤਾ ਕਰਦਾ ਰਹਿੰਦਾ ਹਾਂ ਕਿ ਮੈਂ ਆਪਣੇ ਮਨ ਨਾਲ, ਬਚਨ ਨਾਲ, ਕਰਮ ਨਾਲ (ਕਦੇ ਭੀ) ਪਰਮਾਤਮਾ ਦੇ ਗੁਣ ਨਹੀਂ ਗਾਂਦਾ ਰਿਹਾ ॥੧॥
29683	685	ਗੁਰਮਤਿ ਸੁਨਿ ਕਛੁ ਗਿਆਨੁ ਨ ਉਪਜਿਓ ਪਸੁ ਜਿਉ ਉਦਰੁ ਭਰਉ॥	ਉਦ-ਰੁ	Guramath Sun Kashh Giaan N Oupajiou Pas Jio Oudhar Bharo ||	I listened to the Guru's Teachings, but spiritual wisdom did not well up within me; like a beast, I fill my belly.	ਹੇ ਭਾਈ! ਗੁਰੂ ਦੀ ਮਤਿ ਸੁਣ ਕੇ ਮੇਰੇ ਅੰਦਰ ਆਤਮਕ ਜੀਵਨ ਦੀ ਕੁਝ ਭੀ ਸੂਝ ਪੈਦਾ ਨਹੀਂ ਹੋਈ, ਮੈਂ ਪਸ਼ੂ ਵਾਂਗ (ਨਿੱਤ) ਆਪਣਾ ਢਿੱਡ ਭਰ ਲੈਂਦਾ ਹਾਂ।
29684	685	ਕਹੁ ਨਾਨਕ ਪ੍ਰਭ ਬਿਰਦੁ ਪਛਾਨਉ ਤਬ ਹਉ ਪਤਿਤ ਤਰਉ॥੨॥੪॥੯॥੯॥੧੩॥੫੮॥੪॥੯੩॥		Kahu Naanak Prabh Biradh Pashhaano Thab Ho Pathith Tharo ||2||4||9||9||13||58||4||93||	Says Nanak, O God, please confirm Your Law of Grace; for only then can I, the sinner, be saved. ||2||4||9||9||13||58||4||93||	ਨਾਨਕ ਆਖਦਾ ਹੈ- ਹੇ ਪ੍ਰਭੂ! ਮੈਂ ਵਿਕਾਰੀ ਤਦੋਂ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕਦਾ ਹਾਂ ਜੇ ਤੂੰ ਆਪਣਾ ਮੁੱਢ-ਕਦੀਮਾਂ ਦਾ (ਪਿਆਰ ਵਾਲਾ) ਸੁਭਾਉ ਚੇਤੇ ਰੱਖੇ ॥੨॥੪॥੯॥੯॥੧੩॥੫੮॥੪॥੯੩॥
29685	685	ਧਨਾਸਰੀ ਮਹਲਾ ੧ ਘਰੁ ੨ ਅਸਟਪਦੀਆ	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Dhhanaasaree Mehalaa 1 Ghar 2 Asattapadheeaa	Dhanaasaree, First Mehl, Second House, Ashtapadees:	ਰਾਗ ਧਨਾਸਰੀ, ਘਰ ੨ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।

29686	685	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
29687	685	ਗੁਰੁ ਸਾਗਰੁ ਰਤਨੀ ਭਰਪੂਰੇ॥		Gur Saagar Rathanee Bharapoorae ||	The Guru is the ocean, filled with pearls.	ਗੁਰੂ (ਮਾਨੋ) ਇਕ ਸਮੁੰਦਰ (ਹੈ ਜੋ ਪ੍ਰਭੂ ਦੀ ਸਿਫ਼ਤ-ਸਾਲਾਹ ਦੇ) ਰਤਨਾਂ ਨਾਲ ਨਕਾਨਕ ਭਰਿਆ ਹੋਇਆ ਹੈ।
29688	685	ਅੰਮ੍ਰਿਤੁ ਸੰਤ ਚੁਗਹਿ ਨਹੀ ਦੂਰੇ॥		Anmrith Santh Chugehi Nehee Dhoorae ||	The Saints gather in the Ambrosial Nectar; they do not go far away from there.	ਗੁਰਮੁਖ ਸਿੱਖ (ਉਸ ਸਾਗਰ ਵਿਚੋਂ) ਆਤਮਕ ਜੀਵਨ ਦੇਣ ਵਾਲੀ ਖ਼ੁਰਾਕ (ਪ੍ਰਾਪਤ ਕਰਦੇ ਹਨ ਜਿਵੇਂ ਹੰਸ ਮੋਤੀ) ਚੁਗਦੇ ਹਨ, (ਤੇ ਗੁਰੂ ਤੋਂ) ਦੂਰ ਨਹੀਂ ਰਹਿੰਦੇ।
29689	685	ਹਰਿ ਰਸੁ ਚੋਗ ਚੁਗਹਿ ਪ੍ਰਭ ਭਾਵੈ॥		Har Ras Chog Chugehi Prabh Bhaavai ||	They taste the subtle essence of the Lord; they are loved by God.	ਪ੍ਰਭੂ ਦੀ ਮੇਹਰ ਅਨੁਸਾਰ ਸੰਤ-ਹੰਸ ਹਰਿ-ਨਾਮ ਰਸ (ਦੀ) ਚੋਗ ਚੁਗਦੇ ਹਨ।
29690	685	ਸਰਵਰ ਮਹਿ ਹੰਸੁ ਪ੍ਰਾਨਪਤਿ ਪਾਵੈ॥੧॥		Saravar Mehi Hans Praanapath Paavai ||1||	Within this pool, the swans find their Lord, the Lord of their souls. ||1||	(ਗੁਰਸਿੱਖ) ਹੰਸ (ਗੁਰੂ-) ਸਰੋਵਰ ਵਿਚ (ਟਿਕਿਆ ਰਹਿੰਦਾ ਹੈ, ਤੇ) ਜਿੰਦ ਦੇ ਮਾਲਕ ਪ੍ਰਭੂ ਨੂੰ ਲੱਭ ਲੈਂਦਾ ਹੈ ॥੧॥
29691	685	ਕਿਆ ਬਗੁ ਬਪੁੜਾ ਛਪੜੀ ਨਾਇ॥	ਬੱਗੁ	Kiaa Bag Bapurraa Shhaparree Naae ||	What can the poor crane accomplish by bathing in the mud puddle?	ਵਿਚਾਰਾ ਬਗਲਾ ਛਪੜੀ ਵਿਚ ਕਾਹਦੇ ਲਈ ਨ੍ਹਾਉਂਦਾ ਹੈ?

29692	685	ਕੀਚੜਿ ਡੂਬੈ ਮੈਲੁ ਨ ਜਾਇ॥੧॥ਰਹਾਉ॥		Keecharr Ddoobai Mail N Jaae ||1|| Rehaao ||	It sinks into the mire, and its filth is not washed away. ||1||Pause||	(ਕੁੱਝ ਨਹੀਂ ਖੱਟਦਾ, ਸਗੋਂ ਛਪੜੀ ਵਿਚ ਨ੍ਹਾ ਕੇ) ਚਿੱਕੜ ਵਿਚ ਡੁੱਬਦਾ ਹੈ, (ਉਸ ਦੀ ਇਹ) ਮੈਲ ਦੂਰ ਨਹੀਂ ਹੁੰਦੀ (ਜੇਹੜਾ ਮਨੁੱਖ ਗੁਰੂ-ਸਮੁੰਦਰ ਨੂੰ ਛੱਡ ਕੇ ਦੇਵੀ ਦੇਵਤਿਆਂ ਆਦਿਕ ਹੋਰ ਹੋਰ ਦੇ ਆਸਰੇ ਭਾਲਦਾ ਹੈ ਉਹ, ਮਾਨੋ, ਛਪੜੀ ਵਿਚ ਹੀ ਨ੍ਹਾ ਰਿਹਾ ਹੈ। ਉਥੋਂ ਉਹ ਹੋਰ ਮਾਇਆ-ਮੋਹ ਦੀ ਮੈਲ ਸਹੇੜ ਲੈਂਦਾ ਹੈ) ॥੧॥ ਰਹਾਉ ॥
29693	685	ਰਖਿ ਰਖਿ ਚਰਨ ਧਰੇ ਵੀਚਾਰੀ॥		Rakh Rakh Charan Dhharae Veechaaree ||	After careful deliberation, the thoughtful person takes a step.	ਗੁਰਸਿੱਖ ਬੜਾ ਸੁਚੇਤ ਹੋ ਕੇ ਪੂਰੀ ਵੀਚਾਰ ਨਾਲ (ਜੀਵਨ-ਸਫ਼ਰ ਵਿਚ) ਪੈਰ ਰੱਖਦਾ ਹੈ।
29694	685	ਦੁਬਿਧਾ ਛੋਡਿ ਭਏ ਨਿਰੰਕਾਰੀ॥		Dhubidhhaa Shhodd Bheae Nirankaaree ||	Forsaking duality, he becomes a devotee of the Formless Lord.	ਪਰਮਾਤਮਾ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਭਾਲ ਛੱਡ ਕੇ ਪਰਮਾਤਮਾ ਦਾ ਹੀ ਬਣ ਜਾਂਦਾ ਹੈ।
29695	685	ਮੁਕਤਿ ਪਦਾਰਥੁ ਹਰਿ ਰਸ ਚਾਖੇ॥		Mukath Padhaarathh Har Ras Chaakhae ||	He obtains the treasure of liberation, and enjoys the sublime essence of the Lord.	ਪਰਮਾਤਮਾ ਦੇ ਨਾਮ ਦਾ ਰਸ ਚੱਖ ਕੇ ਗੁਰਸਿੱਖ ਉਹ ਪਦਾਰਥ ਹਾਸਲ ਕਰ ਲੈਂਦਾ ਹੈ ਜੋ ਮਾਇਆ ਦੇ ਮੋਹ ਤੋਂ ਖ਼ਲਾਸੀ ਦਿਵਾ ਦੇਂਦਾ ਹੈ।
29696	685	ਆਵਣ ਜਾਣ ਰਹੇ ਗੁਰਿ ਰਾਖੇ॥੨॥		Aavan Jaan Rehae Gur Raakhae ||2||	His comings and goings end, and the Guru protects him. ||2||	ਜਿਸ ਦੀ ਗੁਰੂ ਨੇ ਸਹਾਇਤਾ ਕਰ ਦਿੱਤੀ ਉਸ ਦੇ ਜਨਮ ਮਰਨ ਦੇ ਗੇੜ ਮੁੱਕ ਗਏ ॥੨॥

29697	685	ਸਰਵਰ ਹੰਸਾ ਛੋਡਿ ਨ ਜਾਇ॥		Saravar Hansaa Shhodd N Jaae ||	The swan do not leave this pool.	(ਜਿਵੇਂ) ਹੰਸ ਮਾਨਸਰੋਵਰ ਨੂੰ ਛੱਡ ਕੇ ਨਹੀਂ ਜਾਂਦਾ,
29698	685	ਪ੍ਰੇਮ ਭਗਤਿ ਕਰਿ ਸਹਜਿ ਸਮਾਇ॥		Praem Bhagath Kar Sehaj Samaae ||	In loving devotional worship, they merge in the Celestial Lord.	(ਤਿਵੇਂ ਜੇਹੜਾ ਸਿੱਖ ਗੁਰੂ ਦਾ ਦਰ ਛੱਡ ਕੇ ਨਹੀਂ ਜਾਂਦਾ ਉਹ) ਪ੍ਰੇਮ ਭਗਤੀ ਦੀ ਬਰਕਤਿ ਨਾਲ ਅਡੋਲ ਆਤਮਕ ਅਵਸਥਾ ਵਿਚ ਲੀਨ ਹੋ ਜਾਂਦਾ ਹੈ।
29699	685	ਸਰਵਰ ਮਹਿ ਹੰਸੁ ਹੰਸ ਮਹਿ ਸਾਗਰੁ॥		Saravar Mehi Hans Hans Mehi Saagar ||	The swans are in the pool, and the pool is in the swans.	ਜੇਹੜਾ ਗੁਰਸਿੱਖ-ਹੰਸ ਗੁਰੂ-ਸਰੋਵਰ ਵਿਚ ਟਿਕਦਾ ਹੈ, ਉਸ ਦੇ ਅੰਦਰ ਗੁਰੂ-ਸਰੋਵਰ ਆਪਣਾ ਆਪ ਪਰਗਟ ਕਰਦਾ ਹੈ (ਉਸ ਸਿੱਖ ਦੇ ਅੰਦਰ ਗੁਰੂ ਵੱਸ ਪੈਂਦਾ ਹੈ)-
29700	685	ਅਕਥ ਕਥਾ ਗੁਰ ਬਚਨੀ ਆਦਰੁ॥੩॥	ਅ-ਕਥ:ਪੋਲਾ ਬੋਲੋ	Akathh Kathhaa Gur Bachanee Aadhar ||3||	They speak the Unspoken Speech, and they honor and revere the Guru's Word. ||3||	ਇਹ ਕਥਾ ਅਕੱਥ ਹੈ (ਭਾਵ, ਇਸ ਆਤਮਕ ਅਵਸਥਾ ਦਾ ਬਿਆਨ ਨਹੀਂ ਹੋ ਸਕਦਾ। ਸਿਰਫ਼ ਇਹ ਕਹਿ ਸਕਦੇ ਹਾਂ ਕਿ) ਗੁਰੂ ਦੇ ਬਚਨਾਂ ਉਤੇ ਤੁਰ ਕੇ ਉਹ (ਲੋਕ ਪਰਲੋਕ ਵਿਚ) ਆਦਰ ਪਾਂਦਾ ਹੈ ॥੩॥
29701	685	ਸੁੰਨ ਮੰਡਲ ਇਕੁ ਜੋਗੀ ਬੈਸੇ॥		Sunn Manddal Eik Jogee Baisae ||	The Yogi, the Primal Lord, sits within the celestial sphere of deepest Samaadhi.	ਜੇਹੜਾ ਕੋਈ ਵਿਰਲਾ ਪ੍ਰਭੂ-ਚਰਨਾਂ ਵਿਚ ਜੁੜਿਆ ਬੰਦਾ ਅਫੁਰ ਅਵਸਥਾ ਵਿਚ ਟਿਕਦਾ ਹੈ,

29702	685	ਨਾਰਿ ਨ ਪੁਰਖੁ ਕਹਹੁ ਕੋਊ ਕੈਸੇ॥	ਕਹ-ਹੁ	Naar N Purakh Kehahu Kooo Kaisae ||	He is not male, and He is not female; how can anyone describe Him?	ਉਸ ਦੇ ਅੰਦਰ ਇਸਤ੍ਰੀ ਮਰਦ ਵਾਲੀ ਤਮੀਜ਼ ਨਹੀਂ ਰਹਿੰਦੀ (ਭਾਵ, ਉਸ ਦੇ ਅੰਦਰ ਕਾਮ ਚੇਸ਼ਟਾ ਜ਼ੋਰ ਨਹੀਂ ਪਾਂਦੀ)। ਦੱਸੋ, ਕੋਈ ਇਹ ਸੰਕਲਪ ਕਰ ਭੀ ਕਿਵੇਂ ਸਕਦਾ ਹੈ?
29703	685	ਤ੍ਰਿਭਵਣ ਜੋਤਿ ਰਹੇ ਲਿਵ ਲਾਈ॥		Thribhavan Joth Rehae Liv Laaee ||	The three worlds continue to center their attention on His Light.	ਕਿਉਂਕਿ ਉਹ ਤਾਂ ਸਦਾ ਉਸ ਪਰਮਾਤਮਾ ਵਿਚ ਸੁਰਤਿ ਜੋੜੀ ਰੱਖਦਾ ਹੈ ਜਿਸ ਦੀ ਜੋਤਿ ਤਿੰਨਾਂ ਭਵਨਾਂ ਵਿਚ ਵਿਆਪਕ ਹੈ,
29704	685	ਸੁਰਿ ਨਰ ਨਾਥ ਸਚੇ ਸਰਣਾਈ॥੪॥		Sur Nar Naathh Sachae Saranaaee ||4||	The silent sages and the Yogic masters seek the Sanctuary of the True Lord. ||4||	ਅਤੇ ਦੇਵਤੇ ਮਨੁੱਖ ਨਾਥ ਆਦਿਕ ਸਭ ਜਿਸ ਸਦਾ-ਥਿਰ ਦੀ ਸਰਨ ਲਈ ਰੱਖਦੇ ਹਨ ॥੪॥
29705	685	ਆਨੰਦ ਮੂਲੁ ਅਨਾਥ ਅਧਾਰੀ॥		Aanandh Mool Anaathh Adhhaaree ||	The Lord is the source of bliss, the support of the helpless.	(ਗੁਰਮੁਖ-ਹੰਸ ਗੁਰੂ-ਸਾਗਰ ਵਿਚ ਟਿਕ ਕੇ ਉਸ ਪ੍ਰਾਨਪਤਿ-ਪ੍ਰਭੂ ਨੂੰ ਮਿਲਦਾ ਹੈ) ਜੋ ਆਤਮਕ ਆਨੰਦ ਦਾ ਸੋਮਾ ਹੈ ਜੋ ਨਿਆਸਰਿਆਂ ਦਾ ਆਸਰਾ ਹੈ।
29706	685	ਗੁਰਮੁਖਿ ਭਗਤਿ ਸਹਜਿ ਬੀਚਾਰੀ॥		Guramukh Bhagath Sehaj Beechaaree ||	The Gurmukhs worship and contemplate the Celestial Lord.	ਗੁਰਮੁਖ ਉਸ ਦੀ ਭਗਤੀ ਦੀ ਰਾਹੀਂ ਅਤੇ ਉਸ ਦੇ ਗੁਣਾਂ ਦੀ ਵਿਚਾਰ ਦੀ ਰਾਹੀਂ ਅਡੋਲ ਆਤਮਕ ਅਵਸਥਾ ਵਿਚ ਟਿਕੇ ਰਹਿੰਦੇ ਹਨ।

29707	685	ਭਗਤਿ ਵਛਲ ਭੈ ਕਾਟਣਹਾਰੇ॥		Bhagath Vashhal Bhai Kaattanehaarae ||	God is the Lover of His devotees, the Destroyer of fear.	ਉਹ ਪ੍ਰਭੂ (ਆਪਣੇ ਸੇਵਕਾਂ ਦੀ) ਭਗਤੀ ਨਾਲ ਪ੍ਰੇਮ ਕਰਦਾ ਹੈ, ਉਹਨਾਂ ਦੇ ਸਾਰੇ ਡਰ ਦੂਰ ਕਰਨ ਦੇ ਸਮਰੱਥ ਹੈ।
29708	685	ਹਉਮੈ ਮਾਰਿ ਮਿਲੇ ਪਗੁ ਧਾਰੇ॥੫॥	ਪਗ:ਪੌਲਾ ਬੋਲੋ	Houmai Maar Milae Pag Dhhaarae ||5||	Subduing ego, one meets the Lord, and places his feet on the Path. ||5||	ਗੁਰਮੁਖਿ ਹਉਮੈ ਮਾਰ ਕੇ ਅਤੇ (ਸਾਧ ਸੰਗਤਿ ਵਿਚ) ਟਿਕ ਕੇ ਉਸ ਆਨੰਦ-ਮੂਲ ਪ੍ਰਭੂ (ਦੇ ਚਰਨਾਂ) ਵਿਚ ਜੁੜਦੇ ਹਨ ॥੫॥
29709	685	ਅਨਿਕ ਜਤਨ ਕਰਿ ਕਾਲੁ ਸੰਤਾਏ॥		Anik Jathan Kar Kaal Santhaaeae ||	He makes many efforts, but still, the Messenger of Death tortures him.	ਅਨੇਕਾਂ ਹੋਰ ਹੋਰ ਜਤਨ ਕਰਨ ਕਰਕੇ (ਸਹੇੜੀ ਹੋਈ) ਆਤਮਕ ਮੌਤ ਉਸ ਨੂੰ (ਸਦਾ) ਦੁਖੀ ਕਰਦੀ ਹੈ।
29710	685	ਮਰਣੁ ਲਿਖਾਇ ਮੰਡਲ ਮਹਿ ਆਏ॥		Maran Likhaae Manddal Mehi Aaeae ||	Destined only to die, he comes into the world.	ਉਹ (ਪਿਛਲੇ ਕੀਤੇ ਕਰਮਾਂ ਅਨੁਸਾਰ ਧੁਰੋਂ) ਆਤਮਕ ਮੌਤ (ਦਾ ਲੇਖ ਹੀ ਆਪਣੇ ਮੱਥੇ ਉਤੇ) ਲਿਖਾ ਕੇ ਇਸ ਜਗਤ ਵਿਚ ਆਇਆ (ਤੇ ਇਥੇ ਭੀ ਆਤਮਕ ਮੌਤ ਹੀ ਵਿਹਾਝਦਾ ਰਿਹਾ)।
29711	686	ਜਨਮੁ ਪਦਾਰਥੁ ਦੁਬਿਧਾ ਖੋਵੈ॥		Janam Padhaarathh Dhubidhhaa Khovai ||	He wastes this precious human life through duality.	ਉਹ ਮਨੁੱਖ (ਹਉਮੈ ਵਿਚ) ਭਟਕ ਭਟਕ ਕੇ ਦੁਖੀ ਹੁੰਦਾ ਹੈ; ਪਰਮਾਤਮਾ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਭਾਲ ਵਿਚ ਉਹ ਅਮੋਲਕ ਮਨੁੱਖਾ ਜਨਮ ਨੂੰ ਗਵਾ ਲੈਂਦਾ ਹੈ;

29712	686	ਆਪੁ ਨ ਚੀਨਸਿ ਭ੍ਰਮਿ ਭ੍ਰਮਿ ਰੋਵੈ॥੬॥		Aap N Cheenas Bhram Bhram Rovai ||6||	He does not know his own self, and trapped by doubts, he cries out in pain. ||6||	ਜੇਹੜਾ-ਮਨੁੱਖ (ਵਿਚਾਰੇ ਬਗੁਲੇ ਵਾਂਗ ਹਉਮੈ ਦੀ ਛਪੜੀ ਵਿਚ ਹੀ ਨ੍ਹਾਉਂਦਾ ਰਹਿੰਦਾ ਹੈ, ਤੇ) ਆਪਣੇ ਆਤਮਕ ਜੀਵਨ ਨੂੰ ਨਹੀਂ ਪਛਾਣਦਾ ॥੬॥
29713	686	ਕਹਤਉ ਪੜਤਉ ਸੁਣਤਉ ਏਕ॥	ਪੜ੍-ਤਉ	Kehatho Parratho Sunatho Eaek ||	Speak, read and hear of the One Lord.	(ਪਰ) ਜੇਹੜਾ ਮਨੁੱਖ ਇਕ ਪਰਮਾਤਮਾ ਦੀ ਸਿਫ਼ਤ-ਸਾਲਾਹ ਹੀ (ਨਿੱਤ) ਉਚਾਰਦਾ ਹੈ ਪੜ੍ਹਦਾ ਹੈ ਤੇ ਸੁਣਦਾ ਹੈ,
29714	686	ਧੀਰਜ ਧਰਮੁ ਧਰਣੀਧਰ ਟੇਕ॥		Dhheeraj Dhharam Dhharaneedhhar Ttaek ||	The Support of the earth shall bless you with courage, righteousness and protection.	ਤੇ ਧਰਤੀ ਦੇ ਆਸਰੇ ਪ੍ਰਭੂ ਦੀ ਟੇਕ ਫੜਦਾ ਹੈ ਉਹ ਗੰਭੀਰ ਸੁਭਾਉ ਗ੍ਰਹਣ ਕਰਦਾ ਹੈ ਉਹ (ਮਨੁੱਖ ਜੀਵਨ ਦੇ) ਫ਼ਰਜ਼ ਨੂੰ (ਪਛਾਣਦਾ ਹੈ)।
29715	686	ਜਤੁ ਸਤੁ ਸੰਜਮੁ ਰਿਦੈ ਸਮਾਏ॥		Jath Sath Sanjam Ridhai Samaaeae ||	Chastity, purity and self-restraint are infused into the heart,	ਜਤ ਸਤ ਤੇ ਸੰਜਮ ਉਸ ਮਨੁੱਖ ਦੇ ਹਿਰਦੇ ਵਿਚ (ਸੁਤੇ ਹੀ) ਲੀਨ ਰਹਿੰਦੇ ਹਨ,
29716	686	ਚਉਥੇ ਪਦ ਕਉ ਜੇ ਮਨੁ ਪਤੀਆਏ॥੭॥	ਪਤੀ-ਆਏ	Chouthhae Padh Ko Jae Man Patheeaaeae ||7||	When one centers his mind in the fourth state. ||7||	ਜੇ ਉਹ (ਗੁਰੂ ਦੀ ਸਰਨ ਵਿਚ ਰਹਿ ਕੇ) ਆਪਣੇ ਮਨ ਨੂੰ ਉਸ ਆਤਮਕ ਅਵਸਥਾ ਵਿਚ ਗਿਝਾ ਲਏ ਜਿਥੇ ਮਾਇਆ ਦੇ ਤਿੰਨੇ ਹੀ ਗੁਣ ਜ਼ੋਰ ਨਹੀਂ ਪਾ ਸਕਦੇ ॥੭॥

29717	686	ਸਾਚੇ ਨਿਰਮਲ ਮੈਲੁ ਨ ਲਾਗੈ॥		Saachae Niramal Mail N Laagai ||	They are immaculate and true, and filth does not stick to them.	ਸਦਾ-ਥਿਰ ਪ੍ਰਭੂ ਵਿਚ ਟਿਕ ਕੇ ਪਵਿਤ੍ਰ ਹੋਏ ਮਨੁੱਖ ਦੇ ਮਨ ਨੂੰ ਵਿਕਾਰਾਂ ਦੀ ਮੈਲ ਨਹੀਂ ਚੰਬੜਦੀ।
29718	686	ਗੁਰ ਕੈ ਸਬਦਿ ਭਰਮ ਭਉ ਭਾਗੈ॥		Gur Kai Sabadh Bharam Bho Bhaagai ||	Through the Word of the Guru's Shabad, their doubt and fear depart.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਸ ਦੀ ਭਟਕਣਾ ਦੂਰ ਹੋ ਜਾਂਦੀ ਹੈ ਉਸ ਦਾ (ਦੁਨੀਆ ਵਾਲਾ) ਡਰ-ਸਹਮ ਮੁੱਕ ਜਾਂਦਾ ਹੈ।
29719	686	ਸੂਰਤਿ ਮੂਰਤਿ ਆਦਿ ਅਨੂਪੁ॥		Soorath Moorath Aadh Anoop ||	The form and personality of the Primal Lord are incomparably beautiful.	ਜਿਸ ਵਰਗਾ ਹੋਰ ਕੋਈ ਨਹੀਂ ਹੈ ਜਿਸ ਦੀ (ਸੋਹਣੀ) ਸੂਰਤ ਤੇ ਜਿਸ ਦਾ ਵਜੂਦ ਆਦਿ ਤੋਂ ਹੀ ਚਲਿਆ ਆ ਰਿਹਾ ਹੈ,
29720	686	ਨਾਨਕੁ ਜਾਚੈ ਸਾਚੁ ਸਰੂਪੁ॥੮॥੧॥		Naanak Jaachai Saach Saroop ||8||1||	Nanak begs for the Lord, the Embodiment of Truth. ||8||1||	ਨਾਨਕ (ਭੀ) ਉਸ ਸਦਾ-ਥਿਰ ਹਸਤੀ ਵਾਲੇ ਪ੍ਰਭੂ (ਦੇ ਦਰ ਤੋਂ ਨਾਮ ਦੀ ਦਾਤਿ) ਮੰਗਦਾ ਹੈ ॥੮॥੧॥
29721	686	ਧਨਾਸਰੀ ਮਹਲਾ ੧॥		Dhhanaasaree Mehalaa 1 ||	Dhanaasaree, First Mehl:	
29722	686	ਸਹਜਿ ਮਿਲੈ ਮਿਲਿਆ ਪਰਵਾਣੁ॥		Sehaj Milai Miliaa Paravaan ||	That union with the Lord is acceptable, which is united in intuitive poise.	ਜੇਹੜਾ ਮਨੁੱਖ ਗੁਰੂ ਦੀ ਰਾਹੀਂ ਅਡੋਲ ਅਵਸਥਾ ਵਿਚ ਟਿਕ ਕੇ ਪ੍ਰਭੂ-ਚਰਨਾਂ ਵਿਚ ਜੁੜਦਾ ਹੈ, ਉਸ ਦਾ ਪ੍ਰਭੂ-ਚਰਨਾਂ ਵਿਚ ਜੁੜਨਾ ਕਬੂਲ ਪੈਂਦਾ ਹੈ।

29723	686	ਨਾ ਤਿਸੁ ਮਰਣੁ ਨ ਆਵਣੁ ਜਾਣੁ॥		Naa This Maran N Aavan Jaan ||	Thereafter, one does not die, and does not come and go in reincarnation.	ਉਸ ਮਨੁੱਖ ਨੂੰ ਨਾਹ ਆਤਮਕ ਮੌਤ ਆਉਂਦੀ ਹੈ, ਨਾਹ ਹੀ ਜਨਮ ਮਰਨ ਦਾ ਗੇੜ।
29724	686	ਠਾਕੁਰ ਮਹਿ ਦਾਸੁ ਦਾਸ ਮਹਿ ਸੋਇ॥		Thaakur Mehi Dhaas Dhaas Mehi Soe ||	The Lord's slave is in the Lord, and the Lord is in His slave.	ਅਜੇਹਾ ਪ੍ਰਭੂ ਦਾ ਦਾਸ ਪ੍ਰਭੂ ਵਿਚ ਲੀਨ ਰਹਿੰਦਾ ਹੈ, ਪ੍ਰਭੂ ਅਜੇਹੇ ਸੇਵਕ ਦੇ ਅੰਦਰ ਪਰਗਟ ਹੋ ਜਾਂਦਾ ਹੈ।
29725	686	ਜਹ ਦੇਖਾ ਤਹ ਅਵਰੁ ਨ ਕੋਇ॥੧॥		Jeh Dhaekhaa Theh Avar N Koe ||1||	Wherever I look, I see none other than the Lord. ||1||	ਉਹ ਸੇਵਕ ਜਿੱਧਰ ਤੱਕਦਾ ਹੈ ਉਸ ਨੂੰ ਪਰਮਾਤਮਾ ਤੋਂ ਬਿਨਾ ਹੋਰ ਕੋਈ ਨਹੀਂ ਦਿੱਸਦਾ ॥੧॥
29726	686	ਗੁਰਮੁਖਿ ਭਗਤਿ ਸਹਜ ਘਰੁ ਪਾਈਐ॥		Guramukh Bhagath Sehaj Ghar Paaeeai ||	The Gurmukhs worship the Lord, and find His celestial home.	ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਭਗਤੀ ਕੀਤਿਆਂ ਉਹ (ਆਤਮਕ) ਟਿਕਾਣਾ ਮਿਲ ਜਾਂਦਾ ਹੈ ਜਿਥੇ ਮਨ ਸਦਾ ਅਡੋਲ ਅਵਸਥਾ ਵਿਚ ਟਿਕਿਆ ਰਹਿੰਦਾ ਹੈ।
29727	686	ਬਿਨੁ ਗੁਰ ਭੇਟੇ ਮਰਿ ਆਈਐ ਜਾਈਐ॥੧॥ਰਹਾਉ ॥		Bin Gur Bhaettae Mar Aaeeai Jaaeeai ||1|| Rehaao ||	Without meeting the Guru, they die, and come and go in reincarnation. ||1||Pause||	(ਪਰ) ਗੁਰੂ ਨੂੰ ਮਿਲਣ ਤੋਂ ਬਿਨਾ ਆਤਮਕ ਮੌਤੇ ਮਰ ਕੇ ਜਨਮ ਮਰਨ ਦੇ ਗੇੜ ਵਿਚ ਪਏ ਰਹੀਦਾ ਹੈ ॥੧॥ ਰਹਾਉ ॥
29728	686	ਸੋ ਗੁਰੁ ਕਰਉ ਜਿ ਸਾਚੁ ਦ੍ਰਿੜਾਵੈ॥		So Gur Karo J Saach Dhrirraavai ||	So make Him your Guru, who implants the Truth within you,	ਮੈਂ (ਭੀ) ਉਹੀ ਗੁਰੂ ਧਾਰਨਾ ਚਾਹੁੰਦਾ ਹਾਂ ਜੇਹੜਾ ਸਦਾ-ਥਿਰ ਪ੍ਰਭੂ ਨੂੰ (ਮੇਰੇ ਹਿਰਦੇ ਵਿਚ) ਪੱਕੀ ਤਰ੍ਹਾਂ ਟਿਕਾ ਦੇਵੇ,

29729	686	ਅਕਥੁ ਕਥਾਵੈ ਸਬਦਿ ਮਿਲਾਵੈ॥	ਅ-ਕਥੁ:ਪੋਲਾ ਬੋਲੋ	Akathh Kathhaavai Sabadh Milaavai ||	Who leads you to speak the Unspoken Speech, and who merges you in the Word of the Shabad.	ਜੇਹੜਾ ਮੈਥੋਂ ਅਕੱਥ ਪ੍ਰਭੂ ਦੀ ਸਿਫ਼ਤ-ਸਾਲਾਹ ਕਰਾਵੇ, ਤੇ ਆਪਣੇ ਸ਼ਬਦ ਦੀ ਰਾਹੀਂ ਮੈਨੂੰ ਪ੍ਰਭੂ-ਚਰਨਾਂ ਵਿਚ ਜੋੜ ਦੇਵੇ।
29730	686	ਹਰਿ ਕੇ ਲੋਗ ਅਵਰ ਨਹੀ ਕਾਰਾ॥		Har Kae Log Avar Nehee Kaaraa ||	God's people have no other work to do;	ਪਰਮਾਤਮਾ ਦੇ ਭਗਤ ਨੂੰ (ਸਿਫ਼ਤ-ਸਾਲਾਹ ਤੋਂ ਬਿਨਾ) ਕੋਈ ਹੋਰ ਕਾਰ ਨਹੀਂ (ਸੁੱਝਦੀ)।
29731	686	ਸਾਚਉ ਠਾਕੁਰੁ ਸਾਚੁ ਪਿਆਰਾ॥੨॥		Saacho Thaakur Saach Piaaraa ||2||	They love the True Lord and Master, and they love the Truth. ||2||	ਭਗਤ ਸਦਾ-ਥਿਰ ਪ੍ਰਭੂ ਨੂੰ ਹੀ ਸਿਮਰਦਾ ਹੈ, ਸਦਾ-ਥਿਰ ਪ੍ਰਭੂ ਉਸ ਨੂੰ ਪਿਆਰਾ ਲੱਗਦਾ ਹੈ ॥੨॥
29732	686	ਤਨ ਮਹਿ ਮਨੂਆ ਮਨ ਮਹਿ ਸਾਚਾ॥		Than Mehi Manooaa Man Mehi Saachaa ||	The mind is in the body, and the True Lord is in the mind.	ਉਸ ਦਾ ਮਨ ਸਰੀਰ ਦੇ ਅੰਦਰ ਹੀ ਰਹਿੰਦਾ ਹੈ (ਭਾਵ, ਮਾਇਆ-ਮੋਹਿਆ ਦਸੀਂ ਪਾਸੀਂ ਦੌੜਦਾ ਨਹੀਂ (ਫਿਰਦਾ), ਉਸ ਦੇ ਮਨ ਵਿਚ ਸਦਾ-ਥਿਰ ਪ੍ਰਭੂ ਪਰਗਟ ਹੋ ਜਾਂਦਾ ਹੈ,
29733	686	ਸੋ ਸਾਚਾ ਮਿਲਿ ਸਾਚੇ ਰਾਚਾ॥		So Saachaa Mil Saachae Raachaa ||	Merging into the True Lord, one is absorbed into Truth.	ਉਹ ਸੇਵਕ ਸਦਾ-ਥਿਰ ਪ੍ਰਭੂ ਨੂੰ ਸਿਮਰ ਕੇ ਤੇ ਉਸ ਵਿਚ ਮਿਲ ਕੇ ਉਸ (ਦੀ ਯਾਦ) ਵਿਚ ਲੀਨ ਰਹਿੰਦਾ ਹੈ।
29734	686	ਸੇਵਕੁ ਪ੍ਰਭ ਕੈ ਲਾਗੈ ਪਾਇ॥		Saevak Prabh Kai Laagai Paae ||	God's servant bows at His feet.	ਉਹ ਸੇਵਕ ਪ੍ਰਭੂ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ,

29735	686	ਸਤਿਗੁਰੁ ਪੂਰਾ ਮਿਲੈ ਮਿਲਾਇ॥੩॥		Sathigur Pooraa Milai Milaae ||3||	Meeting the True Guru, one meets with the Lord. ||3||	ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ ਗੁਰੂ ਉਸ ਨੂੰ ਪ੍ਰਭੂ-ਚਰਨਾਂ ਵਿਚ ਮਿਲਾ ਦੇਂਦਾ ਹੈ ॥੩॥
29736	686	ਆਪਿ ਦਿਖਾਵੈ ਆਪੇ ਦੇਖੈ॥		Aap Dhikhaavai Aapae Dhaekhai ||	He Himself watches over us, and He Himself makes us see.	ਪਰਮਾਤਮਾ ਆਪਣਾ ਦਰਸਨ ਆਪ ਹੀ (ਗੁਰੂ ਦੀ ਰਾਹੀਂ) ਕਰਾਂਦਾ ਹੈ, ਆਪ ਹੀ (ਸਭ ਜੀਵਾਂ ਦੇ) ਦਿਲ ਦੀ ਜਾਣਦਾ ਹੈ।
29737	686	ਹਠਿ ਨ ਪਤੀਜੈ ਨਾ ਬਹੁ ਭੇਖੈ॥		Hath N Patheejai Naa Bahu Bhaekhai ||	He is not pleased by stubborn-mindedness, nor by various religious robes.	(ਇਸ ਵਾਸਤੇ ਉਹ) ਹਠ ਦੀ ਰਾਹੀਂ ਕੀਤੇ ਕਰਮਾਂ ਉਤੇ ਨਹੀਂ ਪਤੀਜਦਾ, ਨਾਹ ਹੀ ਬਹੁਤੇ (ਧਾਰਮਿਕ) ਭੇਖਾਂ ਤੇ ਪ੍ਰਸੰਨ ਹੁੰਦਾ ਹੈ।
29738	686	ਘੜਿ ਭਾਡੇ ਜਿਨਿ ਅੰਮ੍ਰਿਤੁ ਪਾਇਆ॥	ਭਾਂਡੇ	Gharr Bhaaddae Jin Anmrith Paaeiaa ||	He fashioned the body-vessels, and infused the Ambrosial Nectar into them;	ਜਿਸ ਪ੍ਰਭੂ ਨੇ (ਸਾਰੇ) ਸਰੀਰ ਸਾਜੇ ਹਨ ਤੇ (ਗੁਰੂ ਦੀ ਸਰਨ ਆਏ ਕਿਸੇ ਵਡਭਾਗੀ ਦੇ ਹਿਰਦੇ ਵਿਚ) ਨਾਮ-ਅੰਮ੍ਰਿਤ ਪਾਇਆ ਹੈ,
29739	686	ਪ੍ਰੇਮ ਭਗਤਿ ਪ੍ਰਭਿ ਮਨੁ ਪਤੀਆਇਆ॥੪॥	ਪਤੀ-ਆਇਆ	Praem Bhagath Prabh Man Patheeaaeiaa ||4||	God's Mind is pleased only by loving devotional worship. ||4||	ਉਸੇ ਪ੍ਰਭੂ ਨੇ ਉਸ ਦਾ ਮਨ ਪ੍ਰੇਮਾ ਭਗਤੀ ਵਿਚ ਜੋੜਿਆ ਹੈ ॥੪॥

29740	686	ਪੜਿ ਪੜਿ ਭੂਲਹਿ ਚੋਟਾ ਖਾਹਿ॥	ਪੜਿ੍ ਪੜਿ੍ ਭੂਲ-ਹਿ	Parr Parr Bhoolehi Chottaa Khaahi ||	Reading and studying, one becomes confused, and suffers punishment.	ਜੇਹੜੇ ਮਨੁੱਖ (ਵਿੱਦਿਆ) ਪੜ੍ਹ ਪੜ੍ਹ ਕੇ (ਵਿੱਦਿਆ ਦੇ ਮਾਣ ਵਿਚ ਹੀ ਸਿਮਰਨ ਤੋਂ) ਖੁੰਝ ਜਾਂਦੇ ਹਨ ਉਹ (ਆਤਮਕ ਮੌਤ ਦੀਆਂ) ਚੋਟਾਂ ਸਹਿੰਦੇ ਹਨ।
29741	686	ਬਹੁਤੁ ਸਿਆਣਪ ਆਵਹਿ ਜਾਹਿ॥		Bahuth Siaanap Aavehi Jaahi ||	By great cleverness, one is consigned to coming and going in reincarnation.	(ਵਿੱਦਿਆ ਦੀ) ਬਹੁਤੀ ਚਤੁਰਾਈ ਦੇ ਕਾਰਨ ਜਨਮ ਮਰਨ ਦੇ ਗੇੜ ਵਿਚ ਪੈਂਦੇ ਹਨ।
29742	686	ਨਾਮੁ ਜਪੈ ਭਉ ਭੋਜਨੁ ਖਾਇ॥		Naam Japai Bho Bhojan Khaae ||	One who chants the Naam, the Name of the Lord, and eats the food of the Fear of God	ਜੇਹੜਾ ਜੇਹੜਾ ਮਨੁੱਖ ਪ੍ਰਭੂ ਦਾ ਨਾਮ ਜਪਦਾ ਹੈ ਤੇ ਪ੍ਰਭੂ ਦੇ ਡਰ-ਅਦਬ ਨੂੰ ਆਪਣੇ ਆਤਮਾ ਦੀ ਖ਼ੁਰਾਕ ਬਣਾਂਦਾ ਹੈ,
29743	686	ਗੁਰਮੁਖਿ ਸੇਵਕ ਰਹੇ ਸਮਾਇ॥੫॥		Guramukh Saevak Rehae Samaae ||5||	Becomes Gurmukh, the Lord's servant, and remains absorbed in the Lord. ||5||	ਉਹ ਸੇਵਕ ਗੁਰੂ ਦੀ ਸਰਨ ਪੈ ਕੇ ਪ੍ਰਭੂ ਵਿਚ ਲੀਨ ਰਹਿੰਦੇ ਹਨ ॥੫॥
29744	686	ਪੂਜਿ ਸਿਲਾ ਤੀਰਥ ਬਨ ਵਾਸਾ॥		Pooj Silaa Theerathh Ban Vaasaa ||	He worships stones, dwells at sacred shrines of pilgrimage and in the jungles,	ਜੇਹੜਾ ਮਨੁੱਖ ਪੱਥਰ (ਦੀਆਂ ਮੂਰਤੀਆਂ) ਪੂਜਦਾ ਰਿਹਾ, ਤੀਰਥਾਂ ਦੇ ਇਸ਼ਨਾਨ ਕਰਦਾ ਰਿਹਾ, ਜੰਗਲਾਂ ਵਿਚ ਨਿਵਾਸ ਰੱਖਦਾ ਰਿਹਾ,
29745	686	ਭਰਮਤ ਡੋਲਤ ਭਏ ਉਦਾਸਾ॥		Bharamath Ddolath Bheae Oudhaasaa ||	Wanders, roams around and becomes a renunciate.	ਤਿਆਗੀ ਬਣ ਕੇ ਥਾਂ ਥਾਂ ਭਟਕਦਾ ਡੋਲਦਾ ਫਿਰਿਆ (ਤੇ ਇਹਨਾਂ ਹੀ ਕਰਮਾਂ ਨੂੰ ਧਰਮ ਸਮਝਦਾ ਰਿਹਾ),

29746	686	ਮਨਿ ਮੈਲੈ ਸੂਚਾ ਕਿਉ ਹੋਇ॥		Man Mailai Soochaa Kio Hoe ||	But his mind is still filthy - how can he become pure?	ਜੇ ਉਸ ਦਾ ਮਨ ਮੈਲਾ ਹੀ ਰਿਹਾ, ਤਾਂ ਉਹ ਪਵਿਤ੍ਰ ਕਿਵੇਂ ਹੋ ਸਕਦਾ ਹੈ?
29747	686	ਸਾਚਿ ਮਿਲੈ ਪਾਵੈ ਪਤਿ ਸੋਇ॥੬॥		Saach Milai Paavai Path Soe ||6||	One who meets the True Lord obtains honor. ||6||	ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਵਿਚ (ਸਿਮਰਨ ਦੀ ਰਾਹੀਂ) ਲੀਨ ਹੁੰਦਾ ਹੈ (ਉਹੀ ਪਵਿਤ੍ਰ ਹੁੰਦਾ ਹੈ, ਤੇ) ਉਹ (ਲੋਕ ਪਰਲੋਕ ਵਿਚ) ਇੱਜ਼ਤ ਪਾਂਦਾ ਹੈ ॥੬॥
29748	686	ਆਚਾਰਾ ਵੀਚਾਰੁ ਸਰੀਰਿ॥		Aachaaraa Veechaar Sareer ||	One who embodies good conduct and contemplative meditation,	ਜਿਸ ਦੇ ਅੰਦਰ ਉੱਚਾ ਆਚਰਨ ਭੀ ਹੈ ਤੇ ਉੱਚੀ (ਆਤਮਕ) ਸੂਝ ਭੀ ਹੈ,
29749	686	ਆਦਿ ਜੁਗਾਦਿ ਸਹਜਿ ਮਨੁ ਧੀਰਿ॥		Aadh Jugaadh Sehaj Man Dhheer ||	His mind abides in intuitive poise and contentment, since the beginning of time, and throughout the ages.	ਜਿਸ ਦਾ ਮਨ ਸਦਾ ਹੀ ਅਡੋਲ ਅਵਸਥਾ ਵਿਚ ਟਿਕਿਆ ਰਹਿੰਦਾ ਹੈ ਤੇ ਗੰਭੀਰ ਰਹਿੰਦਾ ਹੈ,
29750	686	ਪਲ ਪੰਕਜ ਮਹਿ ਕੋਟਿ ਉਧਾਰੇ॥		Pal Pankaj Mehi Kott Oudhhaarae ||	In the twinkling of an eye, he saves millions.	ਜੋ ਅੱਖ ਝਮਕਣ ਦੇ ਸਮੇ ਵਿਚ ਕ੍ਰੋੜਾਂ ਬੰਦਿਆਂ ਨੂੰ (ਵਿਕਾਰਾਂ ਤੋਂ) ਬਚਾ ਲੈਂਦਾ ਹੈ,
29751	686	ਕਰਿ ਕਿਰਪਾ ਗੁਰੁ ਮੇਲਿ ਪਿਆਰੇ॥੭॥		Kar Kirapaa Gur Mael Piaarae ||7||	Have mercy on me, O my Beloved, and let me meet the Guru. ||7||	ਹੇ ਪਿਆਰੇ ਪ੍ਰਭੂ! ਮੇਹਰ ਕਰ ਕੇ ਮੈਨੂੰ ਉਹ ਗੁਰੂ ਮਿਲਾ ॥੭॥
29752	686	ਕਿਸੁ ਆਗੈ ਪ੍ਰਭ ਤੁਧੁ ਸਾਲਾਹੀ॥		Kis Aagai Prabh Thudhh Saalaahee ||	Unto whom, O God, should I praise You?	ਹੇ ਪ੍ਰਭੂ! ਮੈਂ ਕਿਸ ਬੰਦੇ ਅੱਗੇ ਤੇਰੀ ਸਿਫ਼ਤ-ਸਾਲਾਹ ਕਰਾਂ?

29753	686	ਤੁਧੁ ਬਿਨੁ ਦੂਜਾ ਮੈ ਕੋ ਨਾਹੀ॥		Thudhh Bin Dhoojaa Mai Ko Naahee ||	Without You, there is no other at all.	ਮੈਨੂੰ ਤਾਂ ਤੈਥੋਂ ਬਿਨਾ ਹੋਰ ਕੋਈ ਕਿਤੇ ਦਿੱਸਦਾ ਹੀ ਨਹੀਂ।
29754	686	ਜਿਉ ਤੁਧੁ ਭਾਵੈ ਤਿਉ ਰਾਖੁ ਰਜਾਇ॥		Jio Thudhh Bhaavai Thio Raakh Rajaae ||	As it pleases You, keep me under Your Will.	ਜਿਵੇਂ ਤੇਰੀ ਮੇਹਰ ਹੋਵੇ ਮੈਨੂੰ ਆਪਣੀ ਰਜ਼ਾ ਵਿਚ ਰੱਖ,
29755	686	ਨਾਨਕ ਸਹਜਿ ਭਾਇ ਗੁਣ ਗਾਇ॥੮॥੨॥		Naanak Sehaj Bhaae Gun Gaae ||8||2||	Nanak, with intuitive poise and natural love, sings Your Glorious Praises. ||8||2||	ਨਾਨਕ ਆਖਦਾ ਹੈ- (ਹੇ ਪ੍ਰਭੂ! ਤੇਰਾ ਦਾਸ) ਅਡੋਲ ਆਤਮਕ ਅਵਸਥਾ ਵਿਚ ਟਿਕ ਕੇ ਤੇਰੇ ਪ੍ਰੇਮ ਵਿਚ ਟਿਕ ਕੇ ਤੇਰੇ ਗੁਣ ਗਾਵੇ ॥੮॥੨॥
29756	686	ਧਨਾਸਰੀ ਮਹਲਾ ੫ ਘਰੁ ੬ ਅਸਟਪਦੀ	ਘਰੁ ਛੇਵਾਂ। ਅਸਟਪਦੀ ਸ ਪੈਰ ਬਿੰਦੀ ਨ ਲਾਉ	Dhhanaasaree Ma 5 Ghar 6 Asattapadhee	Dhanaasaree, Fifth Mehl, Sixth House, Ashtapadee:	ਰਾਗ ਧਨਾਸਰੀ, ਘਰ ੬ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
29757	686	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
29758	686	ਜੋ ਜੋ ਜੂਨੀ ਆਇਓ ਤਿਹ ਤਿਹ ਉਰਝਾਇਓ ਮਾਨਸ ਜਨਮੁ ਸੰਜੋਗਿ ਪਾਇਆ॥		Jo Jo Joonee Aaeiou Thih Thih Ourajhaaeiou Maanas Janam Sanjog Paaeiaa ||	Whoever is born into the world, is entangled in it; human birth is obtained only by good destiny.	ਹੇ ਗੁਰੂ! ਜੇਹੜਾ ਜੇਹੜਾ ਜੀਵ (ਜਿਸ ਕਿਸੇ) ਜੂਨ ਵਿਚ ਆਇਆ ਹੈ, ਉਹ ਉਸ (ਜੂਨ) ਵਿਚ ਹੀ (ਮਾਇਆ ਦੇ ਮੋਹ ਵਿਚ) ਫਸ ਰਿਹਾ ਹੈ। ਮਨੁੱਖਾ ਜਨਮ (ਕਿਸੇ ਨੇ) ਕਿਸਮਤ ਨਾਲ ਪ੍ਰਾਪਤ ਕੀਤਾ ਹੈ।

29759	686	ਤਾਕੀ ਹੈ ਓਟ ਸਾਧ ਰਾਖਹੁ ਦੇ ਕਰਿ ਹਾਥ ਕਰਿ ਕਿਰਪਾ ਮੇਲਹੁ ਹਰਿ ਰਾਇਆ॥੧॥	ਤਾੱਕੀ	Thaakee Hai Outt Saadhh Raakhahu Dhae Kar Haathh Kar Kirapaa Maelahu Har Raaeiaa ||1||	I look to Your support, O Holy Saint; give me Your hand, and protect me. By Your Grace, let me meet the Lord, my King. ||1||	ਹੇ ਗੁਰੂ! ਮੈਂ ਤਾਂ ਤੇਰਾ ਆਸਰਾ ਤੱਕਿਆ ਹੈ। ਆਪਣੇ ਹੱਥ ਦੇ ਕੇ (ਮੈਨੂੰ ਮਾਇਆ ਦੇ ਮੋਹ ਤੋਂ) ਬਚਾ ਲੈ। ਮੇਹਰ ਕਰ ਕੇ ਮੈਨੂੰ ਪ੍ਰਭੂ-ਪਾਤਿਸ਼ਾਹ ਨਾਲ ਮਿਲਾ ਦੇ ॥੧॥
29760	686	ਅਨਿਕ ਜਨਮ ਭ੍ਰਮਿ ਥਿਤਿ ਨਹੀ ਪਾਈ॥		Anik Janam Bhram Thhith Nehee Paaee ||	I wandered through countless incarnations, but I did not find stability anywhere.	ਹੇ ਸਤਿਗੁਰੂ! ਅਨੇਕਾਂ ਜੂਨਾਂ ਵਿਚ ਭਟਕ ਭਟਕ ਕੇ (ਜੂਨਾਂ ਤੋਂ ਬਚਣ ਦਾ ਹੋਰ ਕੋਈ) ਟਿਕਾਉ ਨਹੀਂ ਲੱਭਾ।
29761	686	ਕਰਉ ਸੇਵਾ ਗੁਰ ਲਾਗਉ ਚਰਨ ਗੋਵਿੰਦ ਜੀ ਕਾ ਮਾਰਗੁ ਦੇਹੁ ਜੀ ਬਤਾਈ॥੧॥ਰਹਾਉ॥		Karo Saevaa Gur Laago Charan Govindh Jee Kaa Maarag Dhaehu Jee Bathaaee ||1|| Rehaao ||	I serve the Guru, and I fall at His feet, praying, ""O Dear Lord of the Universe, please, show me the way.""||1||Pause||	ਹੁਣ ਮੈਂ ਤੇਰੀ ਚਰਨੀਂ ਆ ਪਿਆ ਹਾਂ, ਮੈਂ ਤੇਰੀ ਹੀ ਸੇਵਾ ਕਰਦਾ ਹਾਂ, ਮੈਨੂੰ ਪਰਮਾਤਮਾ (ਦੇ ਮਿਲਾਪ) ਦਾ ਰਸਤਾ ਦੱਸ ਦੇ ॥੧॥ ਰਹਾਉ ॥

29762	686	ਅਨਿਕ ਉਪਾਵ ਕਰਉ ਮਾਇਆ ਕਉ ਬਚਿਤਿ ਧਰਉ ਮੇਰੀ ਮੇਰੀ ਕਰਤ ਸਦ ਹੀ ਵਿਹਾਵੈ॥	(ਬ-ਚਿੱਤਿ) ਬੱਚਤ ਜਮ੍ਹਾਂ ਧਰਦਾ ਹੈ	Anik Oupaav Karo Maaeiaa Ko Bachith Dhharo Maeree Maeree Karath Sadh Hee Vihaavai ||	I have tried so many things to acquire the wealth of Maya, and to cherish it in my mind; I have passed my life constantly crying out, ""Mine, mine!""	ਹੇ ਭਾਈ! ਮੈਂ (ਨਿੱਤ) ਮਾਇਆ ਦੀ ਖ਼ਾਤਰ (ਹੀ) ਅਨੇਕਾਂ ਹੀਲੇ ਕਰਦਾ ਰਹਿੰਦਾ ਹਾਂ, ਮੈਂ (ਮਾਇਆ ਨੂੰ ਹੀ) ਉਚੇਚੇ ਤੌਰ ਤੇ ਆਪਣੇ ਮਨ ਵਿਚ ਟਿਕਾਈ ਰੱਖਦਾ ਹਾਂ, ਸਦਾ 'ਮੇਰੀ ਮਾਇਆ, ਮੇਰੀ ਮਾਇਆ' ਕਰਦਿਆਂ ਹੀ (ਮੇਰੀ ਉਮਰ ਬੀਤਦੀ) ਜਾ ਰਹੀ ਹੈ।
29763	687	ਕੋਈ ਐਸੋ ਰੇ ਭੇਟੈ ਸੰਤੁ ਮੇਰੀ ਲਾਹੈ ਸਗਲ ਚਿੰਤ ਠਾਕੁਰ ਸਿਉ ਮੇਰਾ ਰੰਗੁ ਲਾਵੈ॥੨॥		Koee Aiso Rae Bhaettai Santh Maeree Laahai Sagal Chinth Thaakur Sio Maeraa Rang Laavai ||2||	Is there any such Saint, who would meet with me, take away my anxiety, and lead me to enshrine love for my Lord and Master. ||2||	(ਹੁਣ ਮੇਰਾ ਜੀ ਕਰਦਾ ਹੈ ਕਿ) ਮੈਨੂੰ ਕੋਈ ਅਜੇਹਾ ਸੰਤ ਮਿਲ ਪਏ, ਜੇਹੜਾ (ਮੇਰੇ ਅੰਦਰ ਮਾਇਆ ਵਾਲੀ) ਸਾਰੀ ਸੋਚ ਦੂਰ ਕਰ ਦੇਵੇ, ਤੇ, ਪਰਮਾਤਮਾ ਨਾਲ ਮੇਰਾ ਪਿਆਰ ਬਣਾ ਦੇਵੇ ॥੨॥
29764	687	ਪੜੇ ਰੇ ਸਗਲ ਬੇਦ ਨਹ ਚੂਕੈ ਮਨ ਭੇਦ ਇਕੁ ਖਿਨੁ ਨ ਧੀਰਹਿ ਮੇਰੇ ਘਰ ਕੇ ਪੰਚਾ॥	ਪੜ੍ਹੇ	Parrae Rae Sagal Baedh Neh Chookai Man Bhaedh Eik Khin N Dhheerehi Maerae Ghar Kae Panchaa ||	I have read all the Vedas, and yet the sense of separation in my mind still has not been removed; the five thieves of my house are not quieted, even for an instant.	ਹੇ ਭਾਈ! ਸਾਰੇ ਵੇਦ ਪੜ੍ਹ ਵੇਖੇ ਹਨ, (ਇਹਨਾਂ ਦੇ ਪੜ੍ਹਨ ਨਾਲ ਪਰਮਾਤਮਾ ਨਾਲੋਂ) ਮਨ ਦੀ ਵਿੱਥ ਨਹੀਂ ਮੁੱਕਦੀ, (ਵੇਦ ਆਦਿਕਾਂ ਦੇ ਪੜ੍ਹਨ ਨਾਲ) ਗਿਆਨ-ਇੰਦ੍ਰੇ ਇਕ ਛਿਨ ਵਾਸਤੇ ਭੀ ਸ਼ਾਂਤ ਨਹੀਂ ਹੁੰਦੇ।

29765	687	ਕੋਈ ਐਸੋ ਰੇ ਭਗਤੁ ਜੁ ਮਾਇਆ ਤੇ ਰਹਤੁ ਇਕੁ ਅੰਮ੍ਰਿਤ ਨਾਮੁ ਮੇਰੈ ਰਿਦੈ ਸਿੰਚਾ॥੩॥		Koee Aiso Rae Bhagath J Maaeiaa Thae Rehath Eik Anmrith Naam Maerai Ridhai Sinchaa ||3||	Is there any devotee, who is unattached to Maya, who may irrigate my mind with the Ambrosial Naam, the Name of the One Lord? ||3||	ਹੇ ਭਾਈ! ਕੋਈ ਅਜੇਹਾ ਭਗਤ (ਮਿਲ ਪਏ) ਜੇਹੜਾ (ਆਪ) ਮਾਇਆ ਤੋਂ ਨਿਰਲੇਪ ਹੋਵੇ, (ਉਹੀ ਭਗਤ) ਮੇਰੇ ਹਿਰਦੇ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਸਿੰਜ ਸਕਦਾ ਹੈ ॥੩॥
29766	687	ਜੇਤੇ ਰੇ ਤੀਰਥ ਨਾਏ ਅਹੰਬੁਧਿ ਮੈਲੁ ਲਾਏ ਘਰ ਕੋ ਠਾਕੁਰੁ ਇਕੁ ਤਿਲੁ ਨ ਮਾਨੈ॥	ਕੋਟਿ ਬ੍ਰਹਮੰਡ ਰੂਪੀ ਘਰ ਦੇ ਠਾਕੁਰੁ। ਨ੍ਹਾਏ	Jaethae Rae Theerathh Naaeae Ahanbudhh Mail Laaeae Ghar Ko Thaakur Eik Thil N Maanai ||	In spite of the many places of pilgrimage for people to bathe in, their minds are still stained by their stubborn ego; the Lord Master is not pleased by this at all.	ਹੇ ਭਾਈ! ਜਿਤਨੇ ਭੀ ਤੀਰਥ ਹਨ ਜੇ ਉਹਨਾਂ ਉਤੇ ਇਸ਼ਨਾਨ ਕੀਤਾ ਜਾਏ; ਉਹ ਇਸ਼ਨਾਨ ਸਗੋਂ ਮਨ ਨੂੰ ਹਉਮੈ ਦੀ ਮੈਲ ਲਾ ਦੇਂਦੇ ਹਨ, (ਇਹਨਾਂ ਤੀਰਥ-ਇਸ਼ਨਾਨਾਂ ਨਾਲ) ਪਰਮਾਤਮਾ ਰਤਾ ਭਰ ਭੀ ਪ੍ਰਸੰਨ ਨਹੀਂ ਹੁੰਦਾ।
29767	687	ਕਦਿ ਪਾਵਉ ਸਾਧਸੰਗੁ ਹਰਿ ਹਰਿ ਸਦਾ ਆਨੰਦੁ ਗਿਆਨ ਅੰਜਨਿ ਮੇਰਾ ਮਨੁ ਇਸਨਾਨੈ॥੪॥		Kadh Paavo Saadhhasang Har Har Sadhaa Aanandh Giaan Anjan Maeraa Man Eisanaanai ||4||	When will I find the Saadh Sangat, the Company of the Holy? There, I shall be always in the ecstasy of the Lord, Har, Har, and my mind shall take its cleansing bath in the healing ointment of spiritual wisdom. ||4||	(ਮੇਰੀ ਤਾਂ ਇਹ ਤਾਂਘ ਹੈ ਕਿ) ਮੈਂ ਕਦੇ ਸਾਧ ਸੰਗਤਿ ਪ੍ਰਾਪਤ ਕਰ ਸਕਾਂ, (ਸਾਧ ਸੰਗਤਿ ਦੀ ਬਰਕਤਿ ਨਾਲ ਮਨ ਵਿਚ) ਸਦਾ ਆਤਮਕ ਆਨੰਦ ਬਣਿਆ ਰਹੇ, ਤੇ, ਮੇਰਾ ਮਨ ਗਿਆਨ ਦੇ ਸੁਰਮੇ ਨਾਲ (ਆਪਣੇ ਆਪ ਨੂੰ) ਪਵਿਤ੍ਰ ਕਰ ਲਏ ॥੪॥

29768	687	ਸਗਲ ਅਸ੍ਰਮ ਕੀਨੇ ਮਨੂਆ ਨਹ ਪਤੀਨੇ ਬਿਬੇਕ ਹੀਨ ਦੇਹੀ ਧੋਏ॥	(ਅ-ਸ੍ਰਮ) ਜੀਵਨ ਅਵਸਥਾਵਾਂ: ਗ੍ਰਿਹਸਤ, ਬ੍ਰਹਮਚਰਜ, ਵਾਨਪ੍ਰਸਤ, ਸੰਨਿਆਸ। ਬਿਬੇਕ) ਗਿਆਨ	Sagal Asram Keenae Manooaa Neh Patheenae Bibaekeheen Dhaehee Dhhoeae ||	I have followed the four stages of life, but my mind is not satisfied; I wash my body, but it is totally lacking in understanding.	ਹੇ ਭਾਈ! ਸਾਰੇ ਹੀ ਆਸ੍ਰਮਾਂ ਦੇ ਧਰਮ ਕਮਾਇਆਂ ਭੀ ਮਨ ਨਹੀਂ ਪਤੀਜਦਾ। ਵਿਚਾਰ-ਹੀਨ ਮਨੁੱਖ ਸਿਰਫ਼ ਸਰੀਰ ਨੂੰ ਹੀ ਸਾਫ਼-ਸੁਥਰਾ ਕਰਦੇ ਰਹਿੰਦੇ ਹਨ।
29769	687	ਕੋਈ ਪਾਈਐ ਰੇ ਪੁਰਖੁ ਬਿਧਾਤਾ ਪਾਰਬ੍ਰਹਮ ਕੈ ਰੰਗਿ ਰਾਤਾ ਮੇਰੇ ਮਨ ਕੀ ਦੁਰਮਤਿ ਮਲੁ ਖੋਏ॥੫॥		Koee Paaeeai Rae Purakh Bidhhaathaa Paarabreham Kai Rang Raathaa Maerae Man Kee Dhuramath Mal Khoeae ||5||	If only I could meet some devotee of the Supreme Lord God, imbued with the Lord's Love, who could eradicate the filthy evil-mindedness from my mind. ||5||	ਹੇ ਭਾਈ! (ਮੇਰੀ ਇਹ ਲਾਲਸਾ ਹੈ ਕਿ) ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਹੋਇਆ, ਪਰਮਾਤਮਾ ਦਾ ਰੂਪ ਕੋਈ ਮਹਾ ਪੁਰਖ ਲੱਭ ਪਏ, ਤੇ, ਉਹ ਮੇਰੇ ਮਨ ਦੀ ਭੈੜੀ ਮਤਿ ਦੀ ਮੈਲ ਦੂਰ ਕਰ ਦੇਵੇ ॥੫॥
29770	687	ਕਰਮ ਧਰਮ ਜੁਗਤਾ ਨਿਮਖ ਨ ਹੇਤੁ ਕਰਤਾ ਗਰਬਿ ਗਰਬਿ ਪੜੈ ਕਹੀ ਨ ਲੇਖੈ॥	ਪੜੈ:ਝਾੜੇ ਪੈਰ ਹਲੰਤ ਨਹੀਂ ਲਾਉਣਾ	Karam Dhharam Jugathaa Nimakh N Haeth Karathaa Garab Garab Parrai Kehee N Laekhai ||	One who is attached to religious rituals, does not love the Lord, even for an instant; he is filled with pride, and he is of no account.	ਹੇ ਭਾਈ! ਜੇਹੜਾ ਮਨੁੱਖ (ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ) ਧਾਰਮਿਕ ਕਰਮਾਂ ਵਿਚ ਹੀ ਰੁੱਝਾ ਰਹਿੰਦਾ ਹੈ, ਰਤਾ-ਭਰ ਸਮੇ ਲਈ ਭੀ ਪਰਮਾਤਮਾ ਨਾਲ ਪਿਆਰ ਨਹੀਂ ਕਰਦਾ, (ਉਹ ਇਹਨਾਂ ਕੀਤੇ ਕਰਮਾਂ ਦੇ ਆਸਰੇ) ਮੁੜ ਮੁੜ ਅਹੰਕਾਰ ਵਿਚ ਟਿਕਿਆ ਰਹਿੰਦਾ ਹੈ, (ਇਹਨਾਂ ਕੀਤੇ ਧਾਰਮਿਕ ਕਰਮਾਂ ਵਿਚੋਂ ਕੋਈ ਭੀ ਕਰਮ) ਕਿਸੇ ਕੰਮ ਨਹੀਂ ਆਉਂਦਾ।

29771	687	ਜਿਸੁ ਭੇਟੀਐ ਸਫਲ ਮੂਰਤਿ ਕਰੈ ਸਦਾ ਕੀਰਤਿ ਗੁਰ ਪਰਸਾਦਿ ਕੋਊ ਨੇਤ੍ਰਹੁ ਪੇਖੈ॥੬॥		Jis Bhaetteeai Safal Moorath Karai Sadhaa Keerath Gur Parasaadh Kooo Naethrahu Paekhai ||6||	One who meets with the rewarding personality of the Guru, continually sings the Kirtan of the Lord's Praises. By Guru's Grace, such a rare one beholds the Lord with his eyes. ||6||	ਹੇ ਭਾਈ! ਜਿਸ ਮਨੁੱਖ ਨੂੰ ਉਹ ਗੁਰੂ ਮਿਲ ਪੈਂਦਾ ਹੈ ਜੋ ਸਾਰੀਆਂ ਮੁਰਾਦਾਂ ਪੂਰੀਆਂ ਕਰਨ ਵਾਲਾ ਹੈ ਅਤੇ ਜਿਸ ਦੀ ਕਿਰਪਾ ਨਾਲ ਮਨੁੱਖ ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ, ਉਸ ਗੁਰੂ ਦੀ ਕਿਰਪਾ ਨਾਲ ਕੋਈ ਭਾਗਾਂ ਵਾਲਾ ਮਨੁੱਖ ਪਰਮਾਤਮਾ ਨੂੰ ਆਪਣੀਆਂ ਅੱਖਾਂ ਨਾਲ (ਹਰ ਥਾਂ ਵੱਸਦਾ) ਵੇਖ ਲੈਂਦਾ ਹੈ ॥੬॥
29772	687	ਮਨ ਹਠਿ ਜੋ ਕਮਾਵੈ ਤਿਲੁ ਨ ਲੇਖੈ ਪਾਵੈ ਬਗੁਲ ਜਿਉ ਧਿਆਨੁ ਲਾਵੈ ਮਾਇਆ ਰੇ ਧਾਰੀ॥		Manehath Jo Kamaavai Thil N Laekhai Paavai Bagul Jio Dhhiaan Laavai Maaeiaa Rae Dhhaaree ||	One who acts through stubbornness is of no account at all; like a crane, he pretends to meditate, but he is still stuck in Maya.	ਹੇ ਭਾਈ! ਜੇਹੜਾ ਮਨੁੱਖ ਮਨ ਦੇ ਹਠ ਨਾਲ (ਤਪ ਆਦਿਕ ਘਾਲ) ਕਰਦਾ ਹੈ, (ਪਰਮਾਤਮਾ ਉਸਦੀ ਇਸ ਮੇਹਨਤ ਨੂੰ) ਰਤਾ ਭਰ ਭੀ ਪਰਵਾਨ ਨਹੀਂ ਕਰਦਾ (ਕਿਉਂਕਿ) ਹੇ ਭਾਈ! ਉਹ ਮਨੁੱਖ ਤਾਂ ਬਗੁਲੇ ਵਾਂਗ ਹੀ ਸਮਾਧੀ ਲਾ ਰਿਹਾ ਹੁੰਦਾ ਹੈ; ਆਪਣੇ ਮਨ ਵਿਚ ਉਹ ਮਾਇਆ ਦਾ ਮੋਹ ਹੀ ਟਿਕਾਈ ਰੱਖਦਾ ਹੈ।

29773	687	ਕੋਈ ਐਸੋ ਰੇ ਸੁਖਹਦਾਈ ਪ੍ਰਭ ਕੀ ਕਥਾ ਸੁਨਾਈ ਤਿਸੁ ਭੇਟੇ ਗਤਿ ਹੋਇ ਹਮਾਰੀ॥੭॥		Koee Aiso Rae Sukheh Dhaaee Prabh Kee Kathhaa Sunaaee This Bhaettae Gath Hoe Hamaaree ||7||	Is there any such Giver of peace, who can recite to me the sermon of God? Meeting him, I would be emancipated. ||7||	ਹੇ ਭਾਈ! ਜੇ ਕੋਈ ਅਜੇਹਾ ਆਤਮਕ ਆਨੰਦ-ਦਾਤਾ ਮਿਲ ਪਏ, ਜੇਹੜਾ ਸਾਨੂੰ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਗੱਲ ਸੁਣਾਏ, ਤਾਂ ਉਸ ਨੂੰ ਮਿਲ ਕੇ ਸਾਡੀ ਆਤਮਕ ਅਵਸਥਾ ਉੱਚੀ ਹੋ ਸਕਦੀ ਹੈ ॥੭॥
29774	687	ਸੁਪ੍ਰਸੰਨ ਗੋਪਾਲ ਰਾਇ ਕਾਟੈ ਰੇ ਬੰਧਨ ਮਾਇ ਗੁਰ ਕੈ ਸਬਦਿ ਮੇਰਾ ਮਨੁ ਰਾਤਾ॥	ਸੁਪ੍ਰਸੰਨ	Suprasann Gopaal Raae Kaattai Rae Bandhhan Maae Gur Kai Sabadh Maeraa Man Raathaa ||	When the Lord, my King, is totally pleased with me, He will break the bonds of Maya for me; my mind is imbued with the Word of the Guru's Shabad.	ਹੇ ਭਾਈ! ਜਿਸ ਮਨੁੱਖ ਉਤੇ ਪ੍ਰਭੂ-ਪਾਤਿਸ਼ਾਹ ਦਇਆਲ ਹੁੰਦਾ ਹੈ, (ਗੁਰੂ ਉਸ ਦੇ) ਮਾਇਆ ਦੇ ਬੰਧਨ ਕੱਟ ਦੇਂਦਾ ਹੈ। ਹੇ ਭਾਈ! ਮੇਰਾ ਮਨ (ਭੀ) ਗੁਰੂ ਦੇ ਸ਼ਬਦ ਵਿਚ (ਹੀ) ਮਗਨ ਰਹਿੰਦਾ ਹੈ।
29775	687	ਸਦਾ ਸਦਾ ਆਨੰਦੁ ਭੇਟਿਓ ਨਿਰਭੈ ਗੋਬਿੰਦੁ ਸੁਖ ਨਾਨਕ ਲਾਧੇ ਹਰਿ ਚਰਨ ਪਰਾਤਾ॥੮॥	(ਪਰਾਤਾ) ਪੈ ਕੇ	Sadhaa Sadhaa Aanandh Bhaettiou Nirabhai Gobindh Sukh Naanak Laadhhae Har Charan Paraathaa ||8||	I am in ecstasy, forever and ever, meeting the Fearless Lord, the Lord of the Universe. Falling at the Lord's Feet, Nanak has found peace. ||8||	ਹੇ ਨਾਨਕ! (ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਨੂੰ) ਸਾਰੇ ਡਰਾਂ ਤੋਂ ਰਹਿਤ ਗੋਬਿੰਦ ਮਿਲ ਪੈਂਦਾ ਹੈ, ਉਸ ਦੇ ਅੰਦਰ ਸਦਾ ਆਨੰਦ ਬਣਿਆ ਰਹਿੰਦਾ ਹੈ, ਪਰਮਾਤਮਾ ਦੇ ਚਰਨਾਂ ਵਿਚ ਲੀਨ ਰਹਿ ਕੇ ਉਹ ਮਨੁੱਖ ਸਾਰੇ ਸੁਖ ਪ੍ਰਾਪਤ ਕਰ ਲੈਂਦਾ ਹੈ ॥੮॥
29776	687	ਸਫਲ ਸਫਲ ਭਈ ਸਫਲ ਜਾਤ੍ਰਾ॥	ਜੱਾਤ੍ਰਾ	Safal Safal Bhee Safal Jaathraa ||	My Yatra, my life pilgrimage, has become fruitful, fruitful, fruitful.	(ਹੇ ਭਾਈ! ਗੁਰੂ ਦੇ ਦਰ ਤੇ ਪਿਆਂ) ਮਨੁੱਖਾ ਜੀਵਨ ਵਾਲਾ ਸਫ਼ਰ ਕਾਮਯਾਬ ਹੋ ਜਾਂਦਾ ਹੈ।

29777	687	ਆਵਣ ਜਾਣ ਰਹੇ ਮਿਲੇ ਸਾਧਾ॥੧॥ ਰਹਾਉ ਦੂਜਾ॥੧॥੩॥	ਸਾਧਾ:ਪੋਲਾ ਬੋਲੋ	Aavan Jaan Rehae Milae Saadhhaa ||1|| Rehaao Dhoojaa ||1||3||||	My comings and goings have ended, since I met the Holy Saint. ||1||Second Pause||1||3||	ਗੁਰੂ ਨੂੰ ਮਿਲ ਕੇ ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ।੧।ਰਹਾਉ ਦੂਜਾ ॥੧॥ਰਹਾਉ ਦੂਜਾ॥੧॥੩॥
29778	687	ਧਨਾਸਰੀ ਮਹਲਾ ੧ ਛੰਤ		Dhhanaasaree Mehalaa 1 Shhantha	Dhanaasaree, First Mehl, Chhant:	ਰਾਗ ਧਨਾਸਰੀ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਛੰਤ' (ਛੰਦ)।
29779	687	੧ੴ ਸਤਿਗੁਰ ਪ੍ਰਸਾਦਿ॥	੍ਹਾਵਣ	Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
29780	687	ਤੀਰਥਿ ਨਾਵਣ ਜਾਉ ਤੀਰਥੁ ਨਾਮੁ ਹੈ॥		Theerathh Naavan Jaao Theerathh Naam Hai ||	Why should I bathe at sacred shrines of pilgrimage? The Naam, the Name of the Lord, is the sacred shrine of pilgrimage.	ਮੈਂ (ਭੀ) ਤੀਰਥ ਉਤੇ ਇਸ਼ਨਾਨ ਕਰਨ ਜਾਂਦਾ ਹਾਂ (ਪਰ ਮੇਰੇ ਵਾਸਤੇ ਪਰਮਾਤਮਾ ਦਾ) ਨਾਮ (ਹੀ) ਤੀਰਥ ਹੈ।
29781	687	ਤੀਰਥੁ ਸਬਦ ਬੀਚਾਰੁ ਅੰਤਰਿ ਗਿਆਨੁ ਹੈ॥		Theerathh Sabadh Beechaar Anthar Giaan Hai ||	My sacred shrine of pilgrimage is spiritual wisdom within, and contemplation on the Word of the Shabad.	ਗੁਰੂ ਦੇ ਸ਼ਬਦ ਨੂੰ ਵਿਚਾਰ-ਮੰਡਲ ਵਿਚ ਟਿਕਾਣਾ (ਮੇਰੇ ਵਾਸਤੇ) ਤੀਰਥ ਹੈ (ਕਿਉਂਕਿ ਇਸ ਦੀ ਬਰਕਤਿ ਨਾਲ) ਮੇਰੇ ਅੰਦਰ ਪਰਮਾਤਮਾ ਨਾਲ ਡੂੰਘੀ ਸਾਂਝ ਬਣਦੀ ਹੈ।

29782	687	ਗੁਰ ਗਿਆਨੁ ਸਾਚਾ ਥਾਨੁ ਤੀਰਥੁ ਦਸ ਪੁਰਬ ਸਦਾ ਦਸਾਹਰਾ॥	(ਦਸਾਹਰਾ) ਪ੍ਰਗਟ ਹੀ	Gur Giaan Saachaa Thhaan Theerathh Dhas Purab Sadhaa Dhasaaharaa ||	The spiritual wisdom given by the Guru is the True sacred shrine of pilgrimage, where the ten festivals are always observed.	ਸਤਿਗੁਰੂ ਦਾ ਬਖ਼ਸ਼ਿਆ ਇਹ ਗਿਆਨ ਮੇਰੇ ਵਾਸਤੇ ਸਦਾ ਕਾਇਮ ਰਹਿਣ ਵਾਲਾ ਤੀਰਥ-ਅਸਥਾਨ ਹੈ, ਮੇਰੇ ਵਾਸਤੇ ਦਸ ਪਵਿਤ੍ਰ ਦਿਹਾੜੇ ਹੈ, ਮੇਰੇ ਵਾਸਤੇ ਗੰਗਾ ਦਾ ਜਨਮ-ਦਿਨ ਹੈ।
29783	687	ਹਉ ਨਾਮੁ ਹਰਿ ਕਾ ਸਦਾ ਜਾਚਉ ਦੇਹੁ ਪ੍ਰਭ ਧਰਣੀਧਰਾ॥		Ho Naam Har Kaa Sadhaa Jaacho Dhaehu Prabh Dhharaneedhharaa ||	I constantly beg for the Name of the Lord; grant it to me, O God, Sustainer of the world.	ਮੈਂ ਤਾਂ ਸਦਾ ਪ੍ਰਭੂ ਦਾ ਨਾਮ ਹੀ ਮੰਗਦਾ ਹਾਂ ਤੇ (ਅਰਦਾਸ ਕਰਦਾ ਹਾਂ-) ਹੇ ਧਰਤੀ ਦੇ ਆਸਰੇ ਪ੍ਰਭੂ! (ਮੈਨੂੰ ਆਪਣਾ ਨਾਮ) ਦੇਹ।
29784	687	ਸੰਸਾਰੁ ਰੋਗੀ ਨਾਮੁ ਦਾਰੂ ਮੈਲੁ ਲਾਗੈ ਸਚ ਬਿਨਾ॥		Sansaar Rogee Naam Dhaaroo Mail Laagai Sach Binaa ||	The world is sick, and the Naam is the medicine to cure it; without the True Lord, filth sticks to it.	ਜਗਤ (ਵਿਕਾਰਾਂ ਵਿਚ) ਰੋਗੀ ਹੋਇਆ ਪਿਆ ਹੈ, ਪਰਮਾਤਮਾ ਦਾ ਨਾਮ (ਇਹਨਾਂ ਰੋਗਾਂ ਦਾ) ਇਲਾਜ ਹੈ। ਸਦਾ-ਥਿਰ ਪ੍ਰਭੂ ਦੇ ਨਾਮ ਤੋਂ ਬਿਨਾ (ਮਨ ਨੂੰ ਵਿਕਾਰਾਂ ਦੀ) ਮੈਲ ਲੱਗ ਜਾਂਦੀ ਹੈ।
29785	687	ਗੁਰ ਵਾਕੁ ਨਿਰਮਲੁ ਸਦਾ ਚਾਨਣੁ ਨਿਤ ਸਾਚੁ ਤੀਰਥੁ ਮਜਨਾ॥੧॥	ਮੱਜਨਾ	Gur Vaak Niramal Sadhaa Chaanan Nith Saach Theerathh Majanaa ||1||	The Guru's Word is immaculate and pure; it radiates a steady Light. Constantly bathe in such a true shrine of pilgrimage. ||1||	ਗੁਰੂ ਦਾ ਪਵਿਤ੍ਰ ਸ਼ਬਦ (ਮਨੁੱਖ ਨੂੰ) ਸਦਾ (ਆਤਮਕ) ਚਾਨਣ (ਦੇਂਦਾ ਹੈ, ਇਹੀ) ਨਿੱਤ ਸਦਾ ਕਾਇਮ ਰਹਿਣ ਵਾਲਾ ਤੀਰਥ ਹੈ, ਇਹੀ ਤੀਰਥ-ਇਸ਼ਨਾਨ ਹੈ ॥੧॥

29786	687	ਸਾਚਿ ਨ ਲਾਗੈ ਮੈਲੁ ਕਿਆ ਮਲੁ ਧੋਈਐ॥		Saach N Laagai Mail Kiaa Mal Dhhoeeai ||	Filth does not stick to the true ones; what filth do they have to wash off?	ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜਿਆਂ ਮਨ ਨੂੰ (ਵਿਕਾਰਾਂ ਦੀ) ਮੈਲ ਨਹੀਂ ਲੱਗਦੀ, (ਫਿਰ ਤੀਰਥ ਆਦਿਕਾਂ ਤੇ ਜਾ ਕੇ) ਕੋਈ ਮੈਲ ਧੋਣ ਦੀ ਲੋੜ ਹੀ ਨਹੀਂ ਪੈਂਦੀ।
29787	687	ਗੁਣਹਿ ਹਾਰੁ ਪਰੋਇ ਕਿਸ ਕਉ ਰੋਈਐ॥		Gunehi Haar Paroe Kis Ko Roeeai ||	If one strings a garland of virtues for oneself, what is there to cry for?	ਪਰਮਾਤਮਾ ਦੇ ਗੁਣਾਂ ਦਾ ਹਾਰ (ਹਿਰਦੇ ਵਿਚ) ਪ੍ਰੋ ਕੇ ਕਿਸੇ ਅੱਗੇ ਪੁਕਾਰ ਕਰਨ ਦੀ ਭੀ ਲੋੜ ਨਹੀਂ ਪੈਂਦੀ।
29788	687	ਵੀਚਾਰਿ ਮਾਰੈ ਤਰੈ ਤਾਰੈ ਉਲਟਿ ਜੋਨਿ ਨ ਆਵਏ॥		Veechaar Maarai Tharai Thaarai Oulatt Jon N Aaveae ||	One who conquers his own self through contemplation is saved, and saves others as well; he does not come to be born again.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਵਿਚਾਰ ਰਾਹੀਂ (ਆਪਣੇ ਮਨ ਨੂੰ ਵਿਕਾਰਾਂ ਵਲੋਂ) ਮਾਰ ਲੈਂਦਾ ਹੈ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ, (ਹੋਰਨਾਂ ਨੂੰ ਭੀ) ਪਾਰ ਲੰਘਾ ਲੈਂਦਾ ਹੈ, ਉਹ ਮੁੜ ਜੂਨਾਂ (ਦੇ ਚੱਕਰ) ਵਿਚ ਨਹੀਂ ਆਉਂਦਾ।
29789	687	ਆਪਿ ਪਾਰਸੁ ਪਰਮ ਧਿਆਨੀ ਸਾਚੁ ਸਾਚੇ ਭਾਵਏ॥		Aap Paaras Param Dhhiaanee Saach Saachae Bhaaveae ||	The supreme meditator is Himself the philosopher's stone, which transforms lead into gold. The true man is pleasing to the True Lord.	ਉਹ ਮਨੁੱਖ ਆਪ ਪਾਰਸ ਬਣ ਜਾਂਦਾ ਹੈ, ਬੜੀ ਹੀ ਉੱਚੀ ਸੁਰਤਿ ਦਾ ਮਾਲਕ ਹੋ ਜਾਂਦਾ ਹੈ, ਉਹ ਸਦਾ-ਥਿਰ ਪ੍ਰਭੂ ਦਾ ਰੂਪ ਬਣ ਜਾਂਦਾ ਹੈ, ਉਹ ਸਦਾ-ਥਿਰ ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ।

29790	687	ਆਨੰਦੁ ਅਨ ਦਿਨੁ ਹਰਖੁ ਸਾਚਾ ਦੂਖ ਕਿਲਵਿਖ ਪਰਹਰੇ॥		Aanandh Anadhin Harakh Saachaa Dhookh Kilavikh Pareharae ||	He is in ecstasy, truly happy, night and day; his sorrows and sins are taken away.	ਉਸ ਦੇ ਅੰਦਰ ਹਰ ਵੇਲੇ ਆਨੰਦ ਬਣਿਆ ਰਹਿੰਦਾ ਹੈ, ਸਦਾ-ਥਿਰ ਰਹਿਣ ਵਾਲੀ ਖ਼ੁਸ਼ੀ ਪੈਦਾ ਹੋ ਜਾਂਦੀ ਹੈ, ਉਹ ਮਨੁੱਖ ਆਪਣੇ (ਸਾਰੇ) ਦੁੱਖ ਪਾਪ ਦੂਰ ਕਰ ਲੈਂਦਾ ਹੈ।
29791	687	ਸਚੁ ਨਾਮੁ ਪਾਇਆ ਗੁਰਿ ਦਿਖਾਇਆ ਮੈਲੁ ਨਾਹੀ ਸਚ ਮਨੇ॥੨॥		Sach Naam Paaeiaa Gur Dhikhaaeiaa Mail Naahee Sach Manae ||2||	He finds the True Name, and beholds the Guru; with the True Name in his mind, no filth sticks to him. ||2||	ਜਿਸ ਮਨੁੱਖ ਨੇ ਸਦਾ-ਥਿਰ ਪ੍ਰਭੂ-ਨਾਮ ਪ੍ਰਾਪਤ ਕਰ ਲਿਆ, ਜਿਸ ਨੂੰ ਗੁਰੂ ਨੇ (ਪ੍ਰਭੂ) ਵਿਖਾ ਦਿੱਤਾ, ਉਸ ਦੇ ਸਦਾ-ਥਿਰ ਨਾਮ ਜਪਦੇ ਮਨ ਨੂੰ ਕਦੇ ਵਿਕਾਰਾਂ ਦੀ ਮੈਲ ਨਹੀਂ ਲੱਗਦੀ ॥੨॥
29792	687	ਸੰਗਤਿ ਮੀਤ ਮਿਲਾਪੁ ਪੂਰਾ ਨਾਵਣੋ॥	ਨ੍ਹਾਵਣੋ	Sangath Meeth Milaap Pooraa Naavano ||	O friend, association with the Holy is the perfect cleansing bath.	ਸਾਧ ਸੰਗਤਿ ਵਿਚ ਮਿੱਤਰ-ਪ੍ਰਭੂ ਦਾ ਮਿਲਾਪ ਹੋ ਜਾਣਾ-ਇਹੀ ਉਹ ਤੀਰਥ-ਇਸ਼ਨਾਨ ਹੈ ਜਿਸ ਵਿਚ ਕੋਈ ਉਕਾਈ ਨਹੀਂ ਰਹਿ ਜਾਂਦੀ।
29793	688	ਗਾਵੈ ਗਾਵਣਹਾਰੁ ਸਬਦਿ ਸੁਹਾਵਣੋ॥		Gaavai Gaavanehaar Sabadh Suhaavano ||	The singer who sings the Lord's Praises is adorned with the Word of the Shabad.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਗਾਵਣ-ਜੋਗ ਪ੍ਰਭੂ (ਦੇ ਗੁਣ) ਗਾਂਦਾ ਹੈ ਉਸ ਦਾ ਜੀਵਨ ਸੋਹਣਾ ਬਣ ਜਾਂਦਾ ਹੈ।

29794	688	ਸਾਲਾਹਿ ਸਾਚੇ ਮੰਨਿ ਸਤਿਗੁਰੁ ਪੁੰਨ ਦਾਨ ਦਇਆ ਮਤੇ॥		Saalaahi Saachae Mann Sathigur Punn Dhaan Dhaeiaa Mathae ||	Worship the True Lord, and believe in the True Guru; this brings the merit of making donations to charity, kindness and compassion.	ਸਤਿਗੁਰੂ ਨੂੰ (ਜੀਵਨ-ਦਾਤਾ) ਮੰਨ ਕੇ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰ ਕੇ ਮਨੁੱਖ ਦੀ ਮਤਿ ਦੂਜਿਆਂ ਦੀ ਸੇਵਾ ਕਰਨ ਵਾਲੀ ਸਭ ਤੇ ਦਇਆ ਕਰਨ ਵਾਲੀ ਬਣ ਜਾਂਦੀ ਹੈ।
29795	688	ਪਿਰ ਸੰਗਿ ਭਾਵੈ ਸਹਜਿ ਨਾਵੈ ਬੇਣੀ ਤ ਸੰਗਮੁ ਸਤ ਸਤੇ॥	ਨ੍ਹਾਵੈ ਸੱਤ ਸੱਤੇ	Pir Sang Bhaavai Sehaj Naavai Baenee Th Sangam Sath Sathae ||	The soul-bride who loves to be with her Husband Lord bathes at the Triveni, the sacred place where the Ganges, Jamuna and Saraswaati Rivers converge, the Truest of the True.	(ਸਿਫ਼ਤ-ਸਾਲਾਹ ਦੀ ਬਰਕਤਿ ਨਾਲ ਮਨੁੱਖ) ਪਤੀ-ਪ੍ਰਭੂ ਦੀ ਸੰਗਤਿ ਵਿਚ ਰਹਿ ਕੇ ਉਸ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ ਆਤਮਕ ਅਡੋਲਤਾ ਵਿਚ (ਮਾਨੋ, ਆਤਮਕ) ਇਸ਼ਨਾਨ ਕਰਦਾ ਹੈ; ਇਹੀ ਉਸ ਦੇ ਵਾਸਤੇ ਸੁੱਚੇ ਤੋਂ ਸੁੱਚਾ ਤ੍ਰਿਬੇਣੀ ਸੰਗਮ (ਦਾ ਇਸ਼ਨਾਨ) ਹੈ।
29796	688	ਆਰਾਧਿ ਏਕੰਕਾਰੁ ਸਾਚਾ ਨਿਤ ਦੇਇ ਚੜੈ ਸਵਾਇਆ॥	ਚੜੈ	Aaraadhh Eaekankaar Saachaa Nith Dhaee Charrai Savaaeiaa ||	Worship and adore the One Creator, the True Lord, who constantly gives, whose gifts continually increase.	(ਹੇ ਭਾਈ!) ਉਸ ਸਦਾ-ਥਿਰ ਰਹਿਣ ਵਾਲੇ ਇੱਕ ਅਕਾਲ ਪੁਰਖ ਨੂੰ ਸਿਮਰ, ਜੋ ਸਦਾ (ਸਭ ਜੀਵਾਂ ਨੂੰ ਦਾਤਾਂ) ਦੇਂਦਾ ਹੈ ਤੇ (ਜਿਸ ਦੀਆਂ ਦਿੱਤੀਆਂ ਦਾਤਾਂ ਦਿਨੋ ਦਿਨ) ਵਧਦੀਆਂ ਹਨ।

29797	688	ਗਤਿ ਸੰਗਿ ਮੀਤਾ ਸੰਤਸੰਗਤਿ ਕਰਿ ਨਦਰਿ ਮੇਲਿ ਮਿਲਾਇਆ॥੩॥		Gath Sang Meethaa Santhasangath Kar Nadhar Mael Milaaeiaa ||3||	Salvation is attained by associating with the Society of the Saints, O friend; granting His Grace, God unites us in His Union. ||3||	ਮਿੱਤਰ-ਪ੍ਰਭੂ ਦੀ ਸੰਗਤਿ ਵਿਚ, ਗੁਰੂ ਸੰਤ ਦੀ ਸੰਗਤਿ ਵਿਚ ਆਤਮਕ ਅਵਸਥਾ ਉੱਚੀ ਹੋ ਜਾਂਦੀ ਹੈ, ਪ੍ਰਭੂ ਮੇਹਰ ਦੀ ਨਜ਼ਰ ਕਰ ਕੇ ਆਪਣੀ ਸੰਗਤਿ ਵਿਚ ਮਿਲਾ ਲੈਂਦਾ ਹੈ ॥੩॥
29798	688	ਕਹਣੁ ਕਹੈ ਸਭੁ ਕੋਇ ਕੇਵਡੁ ਆਖੀਐ॥		Kehan Kehai Sabh Koe Kaevadd Aakheeai ||	Everyone speaks and talks; how great should I say He is?	ਹਰੇਕ ਜੀਵ (ਪਰਮਾਤਮਾ ਬਾਰੇ) ਕਥਨ ਕਰਦਾ ਹੈ (ਤੇ ਆਖਦਾ ਹੈ ਕਿ ਪਰਮਾਤਮਾ ਬਹੁਤ ਵੱਡਾ ਹੈ, ਪਰ) ਕੋਈ ਨਹੀਂ ਦੱਸ ਸਕਦਾ ਕਿ ਉਹ ਕੇਡਾ ਵੱਡਾ ਹੈ।
29799	688	ਹਉ ਮੂਰਖੁ ਨੀਚੁ ਅਜਾਣੁ ਸਮਝਾ ਸਾਖੀਐ॥	(ਸਾਖੀਐ) ਸਿੱਖਿਆ ਨਾਲ	Ho Moorakh Neech Ajaan Samajhaa Saakheeai ||	I am foolish, lowly and ignorant; it is only through the Guru's Teachings that I understand.	(ਮੈਂ ਇਤਨੇ ਜੋਗਾ ਨਹੀਂ ਕਿ ਪਰਮਾਤਮਾ ਦਾ ਸਰੂਪ ਬਿਆਨ ਕਰ ਸਕਾਂ) ਮੈਂ (ਤਾਂ) ਮੂਰਖ ਹਾਂ, ਨੀਵੇਂ ਸੁਭਾਵ ਦਾ ਹਾਂ, ਅੰਞਾਣ ਹਾਂ, ਮੈਂ ਤਾਂ ਗੁਰੂ ਦੇ ਉਪਦੇਸ਼ ਨਾਲ ਹੀ (ਕੁਝ) ਸਮਝ ਸਕਦਾ ਹਾਂ (ਭਾਵ, ਮੈਂ ਤਾਂ ਉਤਨਾ ਕੁਝ ਹੀ ਮਸਾਂ ਸਮਝ ਸਕਦਾ ਹਾਂ ਜਿਤਨਾ ਗੁਰੂ ਆਪਣੇ ਸ਼ਬਦ ਦੀ ਰਾਹੀਂ ਸਮਝਾਏ)।

29800	688	ਸਚੁ ਗੁਰ ਕੀ ਸਾਖੀ ਅੰਮ੍ਰਿਤ ਭਾਖੀ ਤਿਤੁ ਮਨੁ ਮਾਨਿਆ ਮੇਰਾ॥		Sach Gur Kee Saakhee Anmrith Bhaakhee Thith Man Maaniaa Maeraa ||	True are the Teachings of the Guru. His Words are Ambrosial Nectar; my mind is pleased and appeased by them.	ਮੇਰਾ ਮਨ ਤਾਂ ਉਸ ਗੁਰ-ਸ਼ਬਦ ਵਿਚ ਹੀ ਪਤੀਜ ਗਿਆ ਹੈ ਜੋ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ ਤੇ ਜੋ ਆਤਮਕ ਜੀਵਨ ਦੇਣ ਵਾਲਾ ਹੈ।
29801	688	ਕੂਚੁ ਕਰਹਿ ਆਵਹਿ ਬਿਖੁ ਲਾਦੇ ਸਬਦਿ ਸਚੈ ਗੁਰੁ ਮੇਰਾ॥		Kooch Karehi Aavehi Bikh Laadhae Sabadh Sachai Gur Maeraa ||	Loaded down with corruption and sin, people depart, and then come back again; the True Shabad is found through my Guru.	ਜੇਹੜੇ ਜੀਵ (ਮਾਇਆ-ਮੋਹ ਦੇ) ਜ਼ਹਰ ਨਾਲ ਲੱਦੇ ਹੋਏ ਜਗਤ ਵਿਚ ਆਉਂਦੇ ਹਨ (ਗੁਰੂ ਦੇ ਸ਼ਬਦ ਨੂੰ ਵਿਸਾਰ ਕੇ ਤੇ ਤੀਰਥ-ਇਸ਼ਨਾਨ ਆਦਿਕ ਦੀ ਟੇਕ ਰੱਖ ਕੇ, ਉਸੇ ਜ਼ਹਰ ਨਾਲ ਲੱਦੇ ਹੋਏ ਹੀ ਜਗਤ ਤੋਂ) ਕੂਚ ਕਰ ਜਾਂਦੇ ਹਨ, ਪਰ ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਜੁੜਦੇ ਹਨ, ਉਹਨਾਂ ਨੂੰ ਮੇਰਾ ਗੁਰੂ ਉਸ ਜ਼ਹਰ ਦੇ ਭਾਰ ਤੋਂ ਬਚਾ ਲੈਂਦਾ ਹੈ।

29802	688	ਆਖਣਿ ਤੋਟਿ ਨ ਭਗਤਿ ਭੰਡਾਰੀ ਭਰਿਪੁਰਿ ਰਹਿਆ ਸੋਈ॥		Aakhan Thott N Bhagath Bhanddaaree Bharipur Rehiaa Soee ||	There is no end to the treasure of devotion; the Lord is pervading everywhere.	(ਪਰਮਾਤਮਾ ਦੇ ਗੁਣ ਬੇਅੰਤ ਹਨ, ਗੁਣ) ਬਿਆਨ ਕਰਨ ਨਾਲ ਮੁੱਕਦੇ ਨਹੀਂ, (ਪਰਮਾਤਮਾ ਦੀ ਭਗਤੀ ਦੇ ਖ਼ਜ਼ਾਨੇ ਭਰੇ ਪਏ ਹਨ, ਜੀਵਾਂ ਨੂੰ ਭਗਤੀ ਦੀ ਦਾਤਿ ਵੰਡਿਆਂ) ਭਗਤੀ ਦੇ ਖ਼ਜ਼ਾਨਿਆਂ ਵਿਚ ਕੋਈ ਕਮੀ ਨਹੀਂ ਹੁੰਦੀ, (ਪਰ ਭਗਤੀ ਕਰਨ ਨਾਲ ਤੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਨ ਨਾਲ ਮਨੁੱਖ ਨੂੰ ਇਹ ਨਿਸ਼ਚਾ ਬਣ ਜਾਂਦਾ ਹੈ ਕਿ) ਪਰਮਾਤਮਾ ਹੀ ਹਰ ਥਾਂ ਵਿਆਪਕ ਹੈ।
29803	688	ਨਾਨਕ ਸਾਚੁ ਕਹੈ ਬੇਨੰਤੀ ਮਨੁ ਮਾਂਜੈ ਸਚੁ ਸੋਈ॥੪॥੧॥		Naanak Saach Kehai Baenanthee Man Maanjai Sach Soee ||4||1||	Nanak utters this true prayer; one who purifies his mind is True. ||4||1||	ਹੇ ਨਾਨਕ! ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰਦਾ ਹੈ, ਜੋ ਪ੍ਰਭੂ-ਦਰ ਤੇ ਅਰਦਾਸਾਂ ਕਰਦਾ ਹੈ (ਤੇ ਇਸ ਤਰ੍ਹਾਂ) ਆਪਣੇ ਮਨ ਨੂੰ ਵਿਕਾਰਾਂ ਦੀ ਮੈਲ ਤੋਂ ਸਾਫ਼ ਕਰ ਲੈਂਦਾ ਹੈ ਉਸ ਨੂੰ ਹਰ ਥਾਂ ਉਹ ਸਦਾ-ਥਿਰ ਪ੍ਰਭੂ ਹੀ ਦਿੱਸਦਾ ਹੈ (ਤੀਰਥ-ਇਸ਼ਨਾਨਾਂ ਨਾਲ ਇਹ ਆਤਮਕ ਅਵਸਥਾ ਪ੍ਰਾਪਤ ਨਹੀਂ ਹੁੰਦੀ) ॥੪॥੧॥
29804	688	ਧਨਾਸਰੀ ਮਹਲਾ ੧॥		Dhhanaasaree Mehalaa 1 ||	Dhanaasaree, First Mehl:	

29805	688	ਜੀਵਾ ਤੇਰੈ ਨਾਇ ਮਨਿ ਆਨੰਦੁ ਹੈ ਜੀਉ॥		Jeevaa Thaerai Naae Man Aanandh Hai Jeeo ||	I live by Your Name; my mind is in ecstasy, Lord.	ਹੇ ਪ੍ਰਭੂ ਜੀ! ਤੇਰੇ ਨਾਮ ਵਿਚ (ਜੁੜ ਕੇ) ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ, ਮੇਰੇ ਮਨ ਵਿਚ ਖ਼ੁਸ਼ੀ ਪੈਦਾ ਹੁੰਦੀ ਹੈ।
29806	688	ਸਾਚੋ ਸਾਚਾ ਨਾਉ ਗੁਣ ਗੋਵਿੰਦੁ ਹੈ ਜੀਉ॥		Saacho Saachaa Naao Gun Govindh Hai Jeeo ||	True is the Name of the True Lord. Glorious are the Praises of the Lord of the Universe.	ਹੇ ਭਾਈ! ਪਰਮਾਤਮਾ ਦਾ ਨਾਮ ਸਦਾ-ਥਿਰ ਰਹਿਣ ਵਾਲਾ ਹੈ, ਪ੍ਰਭੂ ਗੁਣਾਂ (ਦਾ ਖ਼ਜ਼ਾਨਾ) ਹੈ ਤੇ ਧਰਤੀ ਦੇ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਹੈ।
29807	688	ਗੁਰ ਗਿਆਨੁ ਅਪਾਰਾ ਸਿਰਜਣਹਾਰਾ ਜਿਨਿ ਸਿਰਜੀ ਤਿਨਿ ਗੋਈ॥	(ਗੋਈ) ਨਾਸ ਕੀਤੀ	Gur Giaan Apaaraa Sirajanehaaraa Jin Sirajee Thin Goee ||	Infinite is the spiritual wisdom imparted by the Guru. The Creator Lord who created, shall also destroy.	ਗੁਰੂ ਦਾ ਬਖ਼ਸ਼ਿਆ ਗਿਆਨ ਦੱਸਦਾ ਹੈ ਕਿ ਸਿਰਜਣਹਾਰ ਪ੍ਰਭੂ ਬੇਅੰਤ ਹੈ, ਜਿਸ ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹੀ ਇਸ ਨੂੰ ਨਾਸ ਕਰਦਾ ਹੈ।
29808	688	ਪਰਵਾਣਾ ਆਇਆ ਹੁਕਮਿ ਪਠਾਇਆ ਫੇਰਿ ਨ ਸਕੈ ਕੋਈ॥	(ਪਠਾਇਆ) ਭੇਜਿਆ	Paravaanaa Aaeiaa Hukam Pathaaeiaa Faer N Sakai Koee ||	The call of death is sent out by the Lord's Command; no one can challenge it.	ਜਦੋਂ ਉਸ ਦੇ ਹੁਕਮ ਵਿਚ ਭੇਜਿਆ ਹੋਇਆ (ਮੌਤ ਦਾ) ਸੱਦਾ ਆਉਂਦਾ ਹੈ ਤਾਂ ਕੋਈ ਜੀਵ (ਉਸ ਸੱਦੇ ਨੂੰ) ਮੋੜ ਨਹੀਂ ਸਕਦਾ।

29809	688	ਆਪੇ ਕਰਿ ਵੇਖੈ ਸਿਰਿ ਸਿਰਿ ਲੇਖੈ ਆਪੇ ਸੁਰਤਿ ਬੁਝਾਈ॥		Aapae Kar Vaekhai Sir Sir Laekhai Aapae Surath Bujhaaee ||	He Himself creates, and watches; His written command is above each and every head. He Himself imparts understanding and awareness.	ਪਰਮਾਤਮਾ ਆਪ ਹੀ (ਜੀਵਾਂ ਨੂੰ) ਪੈਦਾ ਕਰ ਕੇ ਆਪ ਹੀ ਸੰਭਾਲ ਕਰਦਾ ਹੈ, ਆਪ ਹੀ ਹਰੇਕ ਜੀਵ ਦੇ ਸਿਰ ਉਤੇ (ਉਸ ਦੇ ਕੀਤੇ ਕਰਮਾਂ ਅਨੁਸਾਰ) ਲੇਖ ਲਿਖਦਾ ਹੈ, ਆਪ ਹੀ (ਜੀਵ ਨੂੰ ਸਹੀ ਜੀਵਨ-ਰਾਹ ਦੀ) ਸੂਝ ਬਖ਼ਸ਼ਦਾ ਹੈ।
29810	688	ਨਾਨਕ ਸਾਹਿਬੁ ਅਗਮ ਅਗੋਚਰੁ ਜੀਵਾ ਸਚੀ ਨਾਈ॥੧॥	(ਅ-ਗਮ) ਸੋਗ ਰਹਿਤ	Naanak Saahib Agam Agochar Jeevaa Sachee Naaee ||1||	O Nanak, the Lord Master is inaccessible and unfathomable; I live by His True Name. ||1||	ਮਾਲਕ-ਪ੍ਰਭੂ ਅਪਹੁੰਚ ਹੈ, ਜੀਵਾਂ ਦੇ ਗਿਆਨ-ਇੰਦ੍ਰਿਆਂ ਦੀ ਉਸ ਤਕ ਪਹੁੰਚ ਨਹੀਂ ਹੋ ਸਕਦੀ। ਹੇ ਨਾਨਕ! (ਉਸ ਦੇ ਦਰ ਤੇ ਅਰਦਾਸ ਕਰ, ਤੇ ਆਖ-ਹੇ ਪ੍ਰਭੂ!) ਤੇਰੀ ਸਦਾ ਕਾਇਮ ਰਹਿਣ ਵਾਲੀ ਸਿਫ਼ਤ-ਸਾਲਾਹ ਕਰ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ (ਮੈਨੂੰ ਆਪਣੀ ਸਿਫ਼ਤ-ਸਾਲਾਹ ਬਖ਼ਸ਼) ॥੧॥
29811	688	ਤੁਮ ਸਰਿ ਅਵਰੁ ਨ ਕੋਇ ਆਇਆ ਜਾਇਸੀ ਜੀਉ॥		Thum Sar Avar N Koe Aaeiaa Jaaeisee Jeeo ||	No one can compare to You, Lord; all come and go.	ਹੇ ਪ੍ਰਭੂ ਜੀ! ਤੇਰੇ ਬਰਾਬਰ ਦਾ ਹੋਰ ਕੋਈ ਨਹੀਂ ਹੈ, (ਹੋਰ ਜੇਹੜਾ ਭੀ ਜਗਤ ਵਿਚ) ਆਇਆ ਹੈ, (ਉਹ ਇਥੋਂ ਆਖ਼ਰ) ਚਲਾ ਜਾਇਗਾ (ਤੂੰ ਹੀ ਸਦਾ ਕਾਇਮ ਰਹਿਣ ਵਾਲਾ ਹੈਂ)।

29812	688	ਹੁਕਮੀ ਹੋਇ ਨਿਬੇੜੁ ਭਰਮੁ ਚੁਕਾਇਸੀ ਜੀਉ॥		Hukamee Hoe Nibaerr Bharam Chukaaeisee Jeeo ||	By Your Command, the account is settled, and doubt is dispelled.	ਜਿਸ ਮਨੁੱਖ ਦੀ ਭਟਕਣਾ (ਗੁਰੂ) ਦੂਰ ਕਰਦਾ ਹੈ, ਪ੍ਰਭੂ ਦੇ ਹੁਕਮ ਅਨੁਸਾਰ ਉਸ ਦੇ ਜਨਮ ਮਰਨ ਦੇ ਗੇੜ ਦਾ ਖ਼ਾਤਮਾ ਹੋ ਜਾਂਦਾ ਹੈ।
29813	688	ਗੁਰੁ ਭਰਮੁ ਚੁਕਾਏ ਅਕਥੁ ਕਹਾਏ ਸਚ ਮਹਿ ਸਾਚੁ ਸਮਾਣਾ॥	ਅ-ਕਥੁ:ਪੋਲਾ ਬੋਲੋ	Gur Bharam Chukaaeae Akathh Kehaaeae Sach Mehi Saach Samaanaa ||	The Guru dispels doubt, and makes us speak the Unspoken Speech; the true ones are absorbed into Truth.	ਗੁਰੂ ਜਿਸ ਦੀ ਭਟਕਣਾ ਦੂਰ ਕਰਦਾ ਹੈ, ਉਸ ਪਾਸੋਂ ਉਸ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਾਂਦਾ ਹੈ ਜਿਸ ਦੇ ਗੁਣ ਬਿਆਨ ਤੋਂ ਪਰੇ ਹਨ। ਉਹ ਮਨੁੱਖ ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਰਹਿੰਦਾ ਹੈ, ਸਦਾ-ਥਿਰ ਪ੍ਰਭੂ (ਉਸ ਦੇ ਹਿਰਦੇ ਵਿਚ) ਪਰਗਟ ਹੋ ਜਾਂਦਾ ਹੈ।
29814	688	ਆਪਿ ਉਪਾਏ ਆਪਿ ਸਮਾਏ ਹੁਕਮੀ ਹੁਕਮੁ ਪਛਾਣਾ॥		Aap Oupaaeae Aap Samaaeae Hukamee Hukam Pashhaanaa ||	He Himself creates, and He Himself destroys; I accept the Command of the Commander Lord.	ਉਹ ਮਨੁੱਖ ਰਜ਼ਾ ਦੇ ਮਾਲਕ-ਪ੍ਰਭੂ ਦਾ ਹੁਕਮ ਪਛਾਣ ਲੈਂਦਾ ਹੈ (ਤੇ ਸਮਝ ਲੈਂਦਾ ਹੈ ਕਿ) ਪ੍ਰਭੂ ਆਪ ਹੀ ਪੈਦਾ ਕਰਦਾ ਹੈ ਤੇ ਆਪ ਹੀ (ਆਪਣੇ ਵਿਚ) ਲੀਨ ਕਰ ਲੈਂਦਾ ਹੈ।
29815	688	ਸਚੀ ਵਡਿਆਈ ਗੁਰ ਤੇ ਪਾਈ ਤੂ ਮਨਿ ਅੰਤਿ ਸਖਾਈ॥		Sachee Vaddiaaee Gur Thae Paaee Thoo Man Anth Sakhaaee ||	True greatness comes from the Guru; You alone are the mind's companion in the end.	ਹੇ ਪ੍ਰਭੂ! ਜਿਸ ਮਨੁੱਖ ਨੇ ਤੇਰੀ ਸਿਫ਼ਤ-ਸਾਲਾਹ (ਦੀ ਦਾਤਿ) ਗੁਰੂ ਤੋਂ ਪ੍ਰਾਪਤ ਕਰ ਲਈ ਹੈ, ਤੂੰ ਉਸ ਦੇ ਮਨ ਵਿਚ ਆ ਵੱਸਦਾ ਹੈਂ ਤੇ ਅੰਤ ਸਮੇ ਭੀ ਉਸ ਦਾ ਸਾਥੀ ਬਣਦਾ ਹੈਂ।

29816	688	ਨਾਨਕ ਸਾਹਿਬੁ ਅਵਰੁ ਨ ਦੂਜਾ ਨਾਮਿ ਤੇਰੈ ਵਡਿਆਈ॥੨॥		Naanak Saahib Avar N Dhoojaa Naam Thaerai Vaddiaaee ||2||	O Nanak, there is no other than the Lord and Master; greatness comes from Your Name. ||2||	ਹੇ ਨਾਨਕ! ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਵਰਗਾ ਹੋਰ ਕੋਈ ਨਹੀਂ। (ਉਸ ਦੇ ਦਰ ਤੇ ਅਰਦਾਸ ਕਰ ਤੇ ਆਖ-) ਹੇ ਪ੍ਰਭੂ! ਤੇਰੇ ਨਾਮ ਵਿਚ ਜੁੜਿਆਂ (ਲੋਕ ਪਰਲੋਕ ਵਿਚ) ਆਦਰ ਮਿਲਦਾ ਹੈ ॥੨॥
29817	688	ਤੂ ਸਚਾ ਸਿਰਜਣਹਾਰੁ ਅਲਖ ਸਿਰੰਦਿਆ ਜੀਉ॥	(ਸਿਰੰਦਿਆ) ਸਿਰਜਣਹਾਰ। ਅ-ਲਖ	Thoo Sachaa Sirajanehaar Alakh Sirandhiaa Jeeo ||	You are the True Creator Lord, the unknowable Maker.	ਹੇ ਅਦ੍ਰਿਸ਼ਟ ਰਚਨਹਾਰ! ਤੂੰ ਸਦਾ-ਥਿਰ ਰਹਿਣ ਵਾਲਾ ਹੈਂ ਤੇ ਸਭ ਜੀਵਾਂ ਦਾ ਪੈਦਾ ਕਰਨ ਵਾਲਾ ਹੈਂ।
29818	688	ਏਕੁ ਸਾਹਿਬੁ ਦੁਇ ਰਾਹ ਵਾਦ ਵਧੰਦਿਆ ਜੀਉ॥		Eaek Saahib Dhue Raah Vaadh Vadhhandhiaa Jeeo ||	There is only the One Lord and Master, but there are two paths, by which conflict increases.	ਇਕੋ ਸਿਰਜਣਹਾਰ ਹੀ (ਸਾਰੇ ਜਗਤ ਦਾ) ਮਾਲਕ ਹੈ, ਉਸ ਨੇ (ਜੰਮਣਾ ਤੇ ਮਰਨਾ) ਦੋ ਰਸਤੇ ਚਲਾਏ ਹਨ। (ਉਸੇ ਦੀ ਰਜ਼ਾ ਅਨੁਸਾਰ ਜਗਤ ਵਿਚ) ਝਗੜੇ ਵਧਦੇ ਹਨ।
29819	688	ਦੁਇ ਰਾਹ ਚਲਾਏ ਹੁਕਮਿ ਸਬਾਏ ਜਨਮਿ ਮੁਆ ਸੰਸਾਰਾ॥		Dhue Raah Chalaaeae Hukam Sabaaeae Janam Muaa Sansaaraa ||	All follow these two paths, by the Hukam of the Lord's Command; the world is born, only to die.	ਦੋਵੇਂ ਰਸਤੇ ਪ੍ਰਭੂ ਨੇ ਹੀ ਤੋਰੇ ਹਨ, ਸਾਰੇ ਜੀਵ ਉਸੇ ਦੇ ਹੁਕਮ ਵਿਚ ਹਨ, (ਉਸੇ ਦੇ ਹੁਕਮ ਅਨੁਸਾਰ) ਜਗਤ ਜੰਮਦਾ ਤੇ ਮਰਦਾ ਰਹਿੰਦਾ ਹੈ।

29820	688	ਨਾਮ ਬਿਨਾ ਨਾਹੀ ਕੋ ਬੇਲੀ ਬਿਖੁ ਲਾਦੀ ਸਿਰਿ ਭਾਰਾ॥		Naam Binaa Naahee Ko Baelee Bikh Laadhee Sir Bhaaraa ||	Without the Naam, the Name of the Lord, the mortal has no friend at all; he carries loads of sin on his head.	(ਜੀਵ ਨਾਮ ਨੂੰ ਭੁਲਾ ਕੇ ਮਾਇਆ ਦੇ ਮੋਹ ਦਾ) ਜ਼ਹਰ-ਰੂਪ ਭਾਰ ਆਪਣੇ ਸਿਰ ਉਤੇ ਇਕੱਠਾ ਕਰੀ ਜਾਂਦਾ ਹੈ, (ਤੇ ਇਹ ਨਹੀਂ ਸਮਝਦਾ ਕਿ) ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਭੀ ਸਾਥੀ-ਮਿੱਤਰ ਨਹੀਂ ਬਣ ਸਕਦਾ।
29821	688	ਹੁਕਮੀ ਆਇਆ ਹੁਕਮੁ ਨ ਬੂਝੈ ਹੁਕਮਿ ਸਵਾਰਣਹਾਰਾ॥		Hukamee Aaeiaa Hukam N Boojhai Hukam Savaaranehaaraa ||	By the Hukam of the Lord's Command, he comes, but he does not understand this Hukam; the Lord's Hukam is the Embellisher.	ਜੀਵ (ਪਰਮਾਤਮਾ ਦੇ) ਹੁਕਮ ਅਨੁਸਾਰ (ਜਗਤ ਵਿਚ) ਆਉਂਦਾ ਹੈ, (ਪਰ ਮਾਇਆ ਦੇ ਮੋਹ ਵਿਚ ਫਸ ਕੇ ਉਸ) ਹੁਕਮ ਨੂੰ ਸਮਝਦਾ ਨਹੀਂ।
29822	688	ਨਾਨਕ ਸਾਹਿਬੁ ਸਬਦਿ ਸਿਞਾਪੈ ਸਾਚਾ ਸਿਰਜਣਹਾਰਾ॥੩॥	(ਸਿਞਾਪੈ) ਸਿਆਣੀਦਾ	Naanak Saahib Sabadh Sinjaapai Saachaa Sirajanehaaraa ||3||	O Nanak, through the Shabad, the Word of the Lord and Master, the True Creator Lord is realized. ||3||	ਪ੍ਰਭੂ ਆਪ ਹੀ ਜੀਵ ਨੂੰ ਆਪਣੇ ਹੁਕਮ ਅਨੁਸਾਰ (ਸਿੱਧੇ ਰਾਹ ਪਾ ਕੇ) ਸਵਾਰਨ ਦੇ ਸਮਰਥ ਹੈ।
29823	688	ਭਗਤ ਸੋਹਹਿ ਦਰਵਾਰਿ ਸਬਦਿ ਸੁਹਾਇਆ ਜੀਉ॥		Bhagath Sohehi Dharavaar Sabadh Suhaaeiaa Jeeo ||	Your devotees look beautiful in Your Court, embellished with the Shabad.	ਹੇ ਨਾਨਕ! ਗੁਰੂ ਦੇ ਸ਼ਬਦ ਵਿਚ ਜੁੜਿਆਂ ਇਹ ਪਛਾਣ ਆਉਂਦੀ ਹੈ ਕਿ ਜਗਤ ਦਾ ਮਾਲਕ ਸਦਾ-ਥਿਰ ਰਹਿਣ ਵਾਲਾ ਹੈ ਤੇ ਸਭ ਦਾ ਪੈਦਾ ਕਰਨ ਵਾਲਾ ਹੈ ॥੩॥

29824	688	ਬੋਲਹਿ ਅੰਮ੍ਰਿਤ ਬਾਣਿ ਰਸਨ ਰਸਾਇਆ ਜੀਉ॥		Bolehi Anmrith Baan Rasan Rasaaeiaa Jeeo ||	They chant the Ambrosial Word of His Bani, savoring it with their tongues.	ਹੇ ਭਾਈ! ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ ਪਰਮਾਤਮਾ ਦੀ ਹਜ਼ੂਰੀ ਵਿਚ ਸੋਭਦੇ ਹਨ, ਕਿਉਂਕਿ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਆਪਣੇ ਜੀਵਨ ਨੂੰ ਸੋਹਣਾ ਬਣਾ ਲੈਂਦੇ ਹਨ।
29825	688	ਰਸਨ ਰਸਾਏ ਨਾਮਿ ਤਿਸਾਏ ਗੁਰ ਕੈ ਸਬਦਿ ਵਿਕਾਣੇ॥	(ਤਿਸਾਏ) ਪਿਆਸੇ	Rasan Rasaaeae Naam Thisaaeae Gur Kai Sabadh Vikaanae ||	Savoring it with their tongues, they thirst for the Naam; they are a sacrifice to the Word of the Guru's Shabad.	ਉਹ ਬੰਦੇ ਆਤਮਕ ਜੀਵਨ ਦੇਣ ਵਾਲੀ ਬਾਣੀ ਆਪਣੀ ਜੀਭ ਨਾਲ ਉਚਾਰਦੇ ਰਹਿੰਦੇ ਹਨ, ਜੀਵ ਨੂੰ ਉਸ ਬਾਣੀ ਨਾਲ ਇਕ-ਰਸ ਕਰ ਲੈਂਦੇ ਹਨ।
29826	688	ਪਾਰਸਿ ਪਰਸਿਐ ਪਾਰਸੁ ਹੋਏ ਜਾ ਤੇਰੈ ਮਨਿ ਭਾਣੇ॥		Paaras Parasiai Paaras Hoeae Jaa Thaerai Man Bhaanae ||	Touching the philosopher's stone, they become the philosopher's stone, which transforms lead into gold; O Lord, they become pleasing to your mind.	ਭਗਤ-ਜਨ ਪ੍ਰਭੂ ਦੇ ਨਾਮ ਨਾਲ ਜੀਭ ਨੂੰ ਰਸਾ ਲੈਂਦੇ ਹਨ, ਨਾਮ ਵਿਚ ਜੁੜ ਕੇ (ਨਾਮ ਵਾਸਤੇ ਉਹਨਾਂ ਦੀ) ਪਿਆਸ ਵਧਦੀ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਹ ਪ੍ਰਭੂ-ਨਾਮ ਤੋਂ ਸਦਕੇ ਹੁੰਦੇ ਹਨ (ਨਾਮ ਦੀ ਖ਼ਾਤਰ ਹੋਰ ਸਭ ਸਰੀਰਕ ਸੁਖ ਕੁਰਬਾਨ ਕਰਦੇ ਹਨ)।

29827	688	ਅਮਰਾਪਦੁ ਪਾਇਆ ਆਪੁ ਗਵਾਇਆ ਵਿਰਲਾ ਗਿਆਨ ਵੀਚਾਰੀ॥		Amaraa Padh Paaeiaa Aap Gavaaeiaa Viralaa Giaan Veechaaree ||	They attain the immortal status and eradicate their self-conceit; how rare is that person, who contemplates spiritual wisdom.	ਹੇ ਪ੍ਰਭੂ! ਜਦੋਂ (ਭਗਤ ਜਨ) ਤੇਰੇ ਮਨ ਵਿਚ ਪਿਆਰੇ ਲੱਗਦੇ ਹਨ, ਤਾਂ ਉਹ ਗੁਰੂ-ਪਾਰਸ ਨਾਲ ਛੁਹ ਕੇ ਆਪ ਭੀ ਪਾਰਸ ਹੋ ਜਾਂਦੇ ਹਨ (ਹੋਰਨਾਂ ਨੂੰ ਪਵਿਤ੍ਰ ਜੀਵਨ ਦੇਣ ਜੋਗੇ ਹੋ ਜਾਂਦੇ ਹਨ)।
29828	688	ਨਾਨਕ ਭਗਤ ਸੋਹਨਿ ਦਰਿ ਸਾਚੈ ਸਾਚੇ ਕੇ ਵਾਪਾਰੀ॥੪॥		Naanak Bhagath Sohan Dhar Saachai Saachae Kae Vaapaaree ||4||	O Nanak, the devotees look beautiful in the Court of the True Lord; they are dealers in the Truth. ||4||	ਜੇਹੜੇ ਬੰਦੇ ਆਪਾ-ਭਾਵ ਦੂਰ ਕਰਦੇ ਹਨ ਉਹਨਾਂ ਨੂੰ ਉਹ ਆਤਮਕ ਦਰਜਾ ਮਿਲ ਜਾਂਦਾ ਹੈ ਜਿਥੇ ਆਤਮਕ ਮੌਤ ਅਸਰ ਨਹੀਂ ਕਰ ਸਕਦੀ। ਪਰ ਅਜੇਹਾ ਕੋਈ ਵਿਰਲਾ ਹੀ ਗੁਰੂ ਦੇ ਦਿੱਤੇ ਗਿਆਨ ਦੀ ਵਿਚਾਰ ਕਰਨ ਵਾਲਾ ਬੰਦਾ ਹੁੰਦਾ ਹੈ।
29829	688	ਭੂਖ ਪਿਆਸੋ ਆਥਿ ਕਿਉ ਦਰਿ ਜਾਇਸਾ ਜੀਉ॥	(ਆਥਿ) ਮਾਇਆ	Bhookh Piaaso Aathh Kio Dhar Jaaeisaa Jeeo ||	I am hungry and thirsty for wealth; how will I be able to go to the Lord's Court?	ਹੇ ਨਾਨਕ! ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ ਸਦਾ-ਥਿਰ ਪ੍ਰਭੂ ਦੇ ਦਰ ਤੇ ਸੋਭਾ ਪਾਂਦੇ ਹਨ, ਉਹ (ਆਪਣੇ ਸਾਰੇ ਜੀਵਨ ਵਿਚ) ਸਦਾ-ਥਿਰ ਪ੍ਰਭੂ ਦੇ ਨਾਮ ਦਾ ਹੀ ਵਣਜ ਕਰਦੇ ਹਨ ॥੪॥
29830	689	ਸਤਿਗੁਰ ਪੂਛਉ ਜਾਇ ਨਾਮੁ ਧਿਆਇਸਾ ਜੀਉ॥		Sathigur Pooshho Jaae Naam Dhhiaaeisaa Jeeo ||	I shall go and ask the True Guru, and meditate on the Naam, the Name of the Lord.	ਜਦੋਂ ਤਕ ਮੈਂ ਮਾਇਆ ਵਾਸਤੇ ਭੁੱਖਾ ਪਿਆਸਾ ਰਹਿੰਦਾ ਹਾਂ, ਤਦ ਤਕ ਮੈਂ ਕਿਸੇ ਭੀ ਤਰ੍ਹਾਂ ਪ੍ਰਭੂ ਦੇ ਦਰ ਤੇ ਪਹੁੰਚ ਨਹੀਂ ਸਕਦਾ।

29831	689	ਸਚੁ ਨਾਮੁ ਧਿਆਈ ਸਾਚੁ ਚਵਾਈ ਗੁਰਮੁਖਿ ਸਾਚੁ ਪਛਾਣਾ॥	(ਚਵਾਈ) ਉਚਾਰਨਾ	Sach Naam Dhhiaaee Saach Chavaaee Guramukh Saach Pashhaanaa ||	I meditate on the True Name, chant the True Name, and as Gurmukh, I realize the True Name.	(ਮਾਇਆ ਦੀ ਤ੍ਰਿਸ਼ਨਾ ਦੂਰ ਕਰਨ ਦਾ ਇਲਾਜ) ਮੈਂ ਜਾ ਕੇ ਆਪਣੇ ਗੁਰੂ ਤੋਂ ਪੁੱਛਦਾ ਹਾਂ (ਤੇ ਉਸ ਦੀ ਸਿੱਖਿਆ ਅਨੁਸਾਰ) ਮੈਂ ਪਰਮਾਤਮਾ ਦਾ ਨਾਮ ਸਿਮਰਦਾ ਹਾਂ (ਨਾਮ ਹੀ ਤ੍ਰਿਸਨਾ ਦੂਰ ਕਰਦਾ ਹੈ)।
29832	689	ਦੀਨਾ ਨਾਥੁ ਦਇਆਲੁ ਨਿਰੰਜਨੁ ਅਨ ਦਿਨੁ ਨਾਮੁ ਵਖਾਣਾ॥		Dheenaa Naathh Dhaeiaal Niranjan Anadhin Naam Vakhaanaa ||	Night and day, I chant the Name of the merciful, immaculate Lord, the Master of the poor.	ਗੁਰੂ ਦੀ ਸਰਨ ਪੈ ਕੇ ਮੈਂ ਸਦਾ-ਥਿਰ ਨਾਮ ਸਿਮਰਦਾ ਹਾਂ ਸਦਾ-ਥਿਰ ਪ੍ਰਭੂ (ਦੀ ਸਿਫ਼ਤ-ਸਾਲਾਹ) ਉਚਾਰਦਾ ਹਾਂ, ਤੇ ਸਦਾ-ਥਿਰ ਪ੍ਰਭੂ ਨਾਲ ਸਾਂਝ ਪਾਂਦਾ ਹਾਂ।
29833	689	ਕਰਣੀ ਕਾਰ ਧੁਰਹੁ ਫੁਰਮਾਈ ਆਪਿ ਮੁਆ ਮਨੁ ਮਾਰੀ॥		Karanee Kaar Dhhurahu Furamaaee Aap Muaa Man Maaree ||	The Primal Lord has ordained the tasks to be done; self-conceit is overcome, and the mind is subdued.	ਮੈਂ ਹਰ ਰੋਜ਼ ਉਸ ਪ੍ਰਭੂ ਦਾ ਨਾਮ ਮੂੰਹੋਂ ਬੋਲਦਾ ਹਾਂ ਜੋ ਦੀਨਾਂ ਦਾ ਸਹਾਰਾ ਹੈ ਜੋ ਦਇਆ ਦਾ ਸੋਮਾ ਹੈ ਤੇ ਜਿਸ ਉਤੇ ਮਾਇਆ ਦਾ ਪ੍ਰਭਾਵ ਨਹੀਂ ਪੈ ਸਕਦਾ।
29834	689	ਨਾਨਕ ਨਾਮੁ ਮਹਾ ਰਸੁ ਮੀਠਾ ਤ੍ਰਿਸਨਾ ਨਾਮਿ ਨਿਵਾਰੀ॥੫॥੨॥		Naanak Naam Mehaa Ras Meethaa Thrisanaa Naam Nivaaree ||5||2||	O Nanak, the Naam is the sweetest essence; through the Naam, thirst and desire are stilled. ||5||2||	ਪਰਮਾਤਮਾ ਨੇ ਜਿਸ ਮਨੁੱਖ ਨੂੰ ਆਪਣੀ ਹਜ਼ੂਰੀ ਤੋਂ ਹੀ ਨਾਮ ਸਿਮਰਨ ਦੀ ਕਰਨ-ਜੋਗ ਕਾਰ ਕਰਨ ਦਾ ਹੁਕਮ ਦੇ ਦਿੱਤਾ, ਉਹ ਮਨੁੱਖ ਆਪਣੇ ਮਨ ਨੂੰ (ਮਾਇਆ ਵਲੋਂ) ਮਾਰ ਕੇ ਤ੍ਰਿਸ਼ਨਾ ਦੇ ਪ੍ਰਭਾਵ ਤੋਂ ਬਚ ਜਾਂਦਾ ਹੈ।

29835	689	ਧਨਾਸਰੀ ਛੰਤ ਮਹਲਾ ੧॥		Dhhanaasaree Shhanth Mehalaa 1 ||	Dhanaasaree, Chhant, First Mehl:	ਹੇ ਨਾਨਕ! ਉਸ ਮਨੁੱਖ ਨੂੰ ਪ੍ਰਭੂ ਦਾ ਨਾਮ ਹੀ ਮਿੱਠਾ ਤੇ ਹੋਰ ਸਭ ਰਸਾਂ ਨਾਲੋਂ ਸ੍ਰੇਸ਼ਟ ਲੱਗਦਾ ਹੈ, ਉਸ ਨੇ ਨਾਮ ਸਿਮਰਨ ਦੀ ਬਰਕਤਿ ਨਾਲ ਮਾਇਆ ਦੀ ਤ੍ਰਿਸ਼ਨਾ (ਆਪਣੇ ਅੰਦਰੋਂ) ਦੂਰ ਕਰ ਲਈ ਹੁੰਦੀ ਹੈ ॥੫॥੨॥
29836	689	ਪਿਰ ਸੰਗਿ ਮੂਠੜੀਏ ਖਬਰਿ ਨ ਪਾਈਆ ਜੀਉ॥	(ਮੂਠੜੀਏ) ਠੱਗੀ ਹੋਈਏ	Pir Sang Mootharreeeae Khabar N Paaeeaa Jeeo ||	Your Husband Lord is with you, O deluded soul-bride, but you do are not aware of Him.	ਹੇ (ਮਾਇਆ ਦੇ ਮੋਹ ਵਿਚ) ਠੱਗੀ ਗਈ ਜੀਵ-ਇਸਤ੍ਰੀਏ! (ਤੇਰਾ) ਪਤੀ-ਪ੍ਰਭੂ ਤੇਰੇ ਨਾਲ ਹੈ, ਪਰ ਤੈਨੂੰ ਇਸ ਗੱਲ ਦੀ ਸਮਝ ਨਹੀਂ ਆਈ।
29837	689	ਮਸਤਕਿ ਲਿਖਿਅੜਾ ਲੇਖੁ ਪੁਰਬਿ ਕਮਾਇਆ ਜੀਉ॥		Masathak Likhiarraa Laekh Purab Kamaaeiaa Jeeo ||	Your destiny is written on your forehead, according to your past actions.	(ਤੇਰੇ ਭੀ ਕੀਹ ਵੱਸ?) ਜੋ ਕੁਝ ਤੂੰ ਪਹਿਲੇ ਜਨਮਾਂ ਵਿਚ ਕਰਮ ਕਮਾਏ, ਉਹਨਾਂ ਦੇ ਅਨੁਸਾਰ ਤੇਰੇ ਮੱਥੇ ਉਤੇ (ਪ੍ਰਭੂ ਦੀ ਰਜ਼ਾ ਵਿਚ) ਲੇਖ ਹੀ ਅਜੇਹਾ ਲਿਖਿਆ ਗਿਆ (ਕਿ ਤੂੰ ਸੰਗ-ਵੱਸਦੇ ਪ੍ਰਭੂ-ਪਤੀ ਨੂੰ ਪਛਾਣ ਨਹੀਂ ਸਕਦੀ)।

29838	689	ਲੇਖੁ ਨ ਮਿਟਈ ਪੁਰਬਿ ਕਮਾਇਆ ਕਿਆ ਜਾਣਾ ਕਿਆ ਹੋਸੀ॥		Laekh N Mittee Purab Kamaaeiaa Kiaa Jaanaa Kiaa Hosee ||	This inscription of past deeds cannot be erased; what do I know about what will happen?	ਪਹਿਲੇ ਜਨਮਾਂ ਵਿਚ ਕੀਤੇ ਕਰਮਾਂ ਅਨੁਸਾਰ (ਮੱਥੇ ਤੇ ਲਿਖਿਆ) ਲੇਖ (ਕਿਸੇ ਪਾਸੋਂ) ਮਿਟ ਨਹੀਂ ਸਕਦਾ। ਕਿਸੇ ਨੂੰ ਇਹ ਸਮਝ ਨਹੀਂ ਆ ਸਕਦੀ ਕਿ (ਉਸ ਲਿਖੇ ਲੇਖ ਅਨੁਸਾਰ ਸਾਡੇ ਆਉਣ ਵਾਲੇ ਜੀਵਨ ਵਿਚ) ਕੀਹ ਵਾਪਰੇਗੀ।
29839	689	ਗੁਣੀ ਅਚਾਰਿ ਨਹੀ ਰੰਗਿ ਰਾਤੀ ਅਵਗੁਣ ਬਹਿ ਬਹਿ ਰੋਸੀ॥		Gunee Achaar Nehee Rang Raathee Avagun Behi Behi Rosee ||	You have not adopted a virtuous lifestyle, and you are not attuned to the Lord's Love; you sit there, crying over your past misdeeds.	(ਪੂਰਬਲੀ ਕਮਾਈ ਅਨੁਸਾਰ) ਜੇਹੜੀ ਜੀਵ-ਇਸਤ੍ਰੀ ਗੁਣਾਂ ਵਾਲੀ ਨਹੀਂ, ਉੱਚੇ ਆਚਰਣ ਵਾਲੀ ਨਹੀਂ, ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਨਹੀਂ, ਉਹ (ਕੀਤੇ) ਔਗੁਣਾਂ ਦੇ ਕਾਰਨ ਮੁੜ ਮੁੜ ਦੁਖੀ (ਹੀ) ਹੋਵੇਗੀ।
29840	689	ਧਨੁ ਜੋਬਨੁ ਆਕ ਕੀ ਛਾਇਆ ਬਿਰਧਿ ਭਏ ਦਿਨ ਪੁੰਨਿਆ॥	(ਪੁੰਨਿਆ) ਮੁੱਕ ਗਏ	Dhhan Joban Aak Kee Shhaaeiaa Biradhh Bheae Dhin Punniaa ||	Wealth and youth are like the shade of the bitter swallow-wort plant; you are growing old, and your days are coming to their end.	(ਜੀਵ ਧਨ ਜੋਬਨ ਆਦਿਕ ਦੇ ਮਾਣ ਵਿਚ ਪ੍ਰਭੂ ਨੂੰ ਭੁਲਾ ਬੈਠਦਾ ਹੈ, ਪਰ ਇਹ) ਧਨ ਤੇ ਜਵਾਨੀ ਅੱਕ (ਦੇ ਬੂਟੇ) ਦੀ ਛਾਂ (ਵਰਗੇ ਹੀ) ਹਨ, ਜਦੋਂ ਬੁੱਢਾ ਹੋ ਜਾਂਦਾ ਹੈ, ਤੇ ਉਮਰ ਦੇ ਦਿਨ ਆਖ਼ਰ ਮੁੱਕ ਜਾਂਦੇ ਹਨ (ਤਾਂ ਇਹ ਧਨ ਜਵਾਨੀ ਸਾਥ ਤੋੜ ਜਾਂਦੇ ਹਨ)।

29841	689	ਨਾਨਕ ਨਾਮ ਬਿਨਾ ਦੋਹਾਗਣਿ ਛੁਟੀ ਝੂਠਿ ਵਿਛੁੰਨਿਆ॥੧॥	(ਵਿਛੁੰਨਿਆ) ਵਿਛੜਿਆ	Naanak Naam Binaa Dhohaagan Shhoottee Jhooth Vishhunniaa ||1||	O Nanak, without the Naam, the Name of the Lord, you shall end up as a discarded, divorced bride; your own falsehood shall separate you from the Lord. ||1||	ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਅਭਾਗਣ ਜੀਵ-ਇਸਤ੍ਰੀ ਛੁੱਟੜ ਹੋ ਜਾਂਦੀ ਹੈ, ਕੂੜੇ ਮੋਹ ਵਿਚ ਫਸ ਕੇ ਪ੍ਰਭੂ-ਪਤੀ ਤੋਂ ਵਿਛੁੜ ਜਾਂਦੀ ਹੈ ॥੧॥
29842	689	ਬੂਡੀ ਘਰੁ ਘਾਲਿਓ ਗੁਰ ਕੈ ਭਾਇ ਚਲੋ॥	(ਬੂਡੀ) ਡੁੱਬੀ। (ਘਾਲਿਓ) ਤਬਾਹ	Booddee Ghar Ghaaliou Gur Kai Bhaae Chalo ||	You have drowned, and your house is ruined; walk in the Way of the Guru's Will.	ਹੇ (ਮਾਇਆ ਦੇ ਮੋਹ ਵਿਚ) ਡੁੱਬੀ ਹੋਈਏ! ਤੂੰ ਆਪਣਾ ਘਰ ਬਰਬਾਦ ਕਰ ਲਿਆ ਹੈ, (ਹੁਣ ਤਾਂ ਜੀਵਨ-ਸਫ਼ਰ ਵਿਚ) ਗੁਰੂ ਦੇ ਪ੍ਰੇਮ ਵਿਚ ਰਹਿ ਕੇ ਤੁਰ।
29843	689	ਸਾਚਾ ਨਾਮੁ ਧਿਆਇ ਪਾਵਹਿ ਸੁਖਿ ਮਹਲੋ॥	ਮਹੱਲੋ	Saachaa Naam Dhhiaae Paavehi Sukh Mehalo ||	Meditate on the True Name, and you shall find peace in the Mansion of the Lord's Presence.	ਸਦਾ-ਥਿਰ ਪ੍ਰਭੂ ਦਾ ਨਾਮ ਸਿਮਰ ਕੇ ਤੂੰ ਆਤਮਕ ਆਨੰਦ ਵਿਚ ਟਿਕ ਕੇ ਪਰਮਾਤਮਾ ਦਾ ਦਰ ਲੱਭ ਲਏਂਗੀ।
29844	689	ਹਰਿ ਨਾਮੁ ਧਿਆਏ ਤਾ ਸੁਖੁ ਪਾਏ ਪੇਈਅੜੈ ਦਿਨ ਚਾਰੇ॥		Har Naam Dhhiaaeae Thaa Sukh Paaeae Paeeearrai Dhin Chaarae ||	Meditate on the Lord's Name, and you shall find peace; your stay in this world shall last only four days.	ਜੀਵ-ਇਸਤ੍ਰੀ ਤਦੋਂ ਹੀ ਆਤਮਕ ਆਨੰਦ ਮਾਣ ਸਕਦੀ ਹੈ ਜਦੋਂ ਪਰਮਾਤਮਾ ਦਾ ਨਾਮ ਸਿਮਰਦੀ ਹੈ (ਇਸ ਜਗਤ ਦਾ ਕੀਹ ਮਾਣ?) ਜਗਤ ਵਿਚ ਤਾਂ ਚਾਰ ਦਿਨਾਂ ਦਾ ਹੀ ਵਾਸਾ ਹੈ।

29845	689	ਨਿਜ ਘਰਿ ਜਾਇ ਬਹੈ ਸਚੁ ਪਾਏ ਅਨ ਦਿਨੁ ਨਾਲਿ ਪਿਆਰੇ॥		Nij Ghar Jaae Behai Sach Paaeae Anadhin Naal Piaarae ||	Sit in the home of your own being, and you shall find Truth; night and day, be with your Beloved.	(ਸਿਮਰਨ ਦੀ ਬਰਕਤਿ ਨਾਲ ਜੀਵ-ਇਸਤ੍ਰੀ) ਆਪਣੇ ਅਸਲੀ ਘਰ ਵਿਚ ਪਹੁੰਚ ਕੇ ਟਿਕੀ ਰਹਿੰਦੀ ਹੈ, ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਮਿਲ ਪੈਂਦੀ ਹੈ, ਤੇ ਹਰ ਰੋਜ਼ (ਭਾਵ, ਸਦਾ ਹੀ) ਉਸ ਪਿਆਰੇ ਨਾਲ ਮਿਲੀ ਰਹਿੰਦੀ ਹੈ।
29846	689	ਵਿਣੁ ਭਗਤੀ ਘਰਿ ਵਾਸੁ ਨ ਹੋਵੀ ਸੁਣਿਅਹੁ ਲੋਕ ਸਬਾਏ॥	ਸੁਣਿ-ਅਹੁ	Vin Bhagathee Ghar Vaas N Hovee Suniahu Lok Sabaaeae ||	Without loving devotion, you cannot dwell in your own home - listen, everyone!	ਹੇ ਸਾਰੇ ਲੋਕੋ! ਸੁਣ ਲਵੋ, ਭਗਤੀ ਤੋਂ ਬਿਨਾ (ਮਨ ਭਟਕਦਾ ਹੀ ਰਹਿੰਦਾ ਹੈ) ਅੰਤਰ ਆਤਮੇ ਟਿਕਾਉ ਨਹੀਂ ਲੈ ਸਕਦਾ।
29847	689	ਨਾਨਕ ਸਰਸੀ ਤਾ ਪਿਰੁ ਪਾਏ ਰਾਤੀ ਸਾਚੈ ਨਾਏ॥੨॥	(ਸਰਸੀ) ਅਨੰਦਿਤ	Naanak Sarasee Thaa Pir Paaeae Raathee Saachai Naaeae ||2||	O Nanak, she is happy, and she obtains her Husband Lord, if she is attuned to the True Name. ||2||	ਹੇ ਨਾਨਕ! ਜਦੋਂ ਜੀਵ-ਇਸਤ੍ਰੀ ਸਦਾ-ਥਿਰ ਪ੍ਰਭੂ ਦੇ ਨਾਮ-ਰੰਗ ਵਿਚ ਰੰਗੀ ਜਾਂਦੀ ਹੈ ਤਦੋਂ ਉਹ ਆਤਮਕ ਰਸ ਮਾਣਨ ਵਾਲੀ ਪ੍ਰਭੂ-ਪਤੀ ਦਾ ਮਿਲਾਪ ਹਾਸਲ ਕਰ ਲੈਂਦੀ ਹੈ ॥੨॥
29848	689	ਪਿਰੁ ਧਨ ਭਾਵੈ ਤਾ ਪਿਰ ਭਾਵੈ ਨਾਰੀ ਜੀਉ॥		Pir Dhhan Bhaavai Thaa Pir Bhaavai Naaree Jeeo ||	If the soul-bride is pleasing to her Husband Lord, then the Husband Lord will love His bride.	ਜਦੋਂ ਜੀਵ-ਇਸਤ੍ਰੀ ਨੂੰ ਪਭੂ-ਪਤੀ ਪਿਆਰਾ ਲੱਗਣ ਲੱਗ ਪੈਂਦਾ ਹੈ ਤਦੋਂ ਉਹ ਜੀਵ ਇਸਤ੍ਰੀ ਪ੍ਰਭੂ-ਪਤੀ ਨੂੰ ਪਿਆਰੀ ਲੱਗਣ ਲੱਗ ਪੈਂਦੀ ਹੈ।

29849	689	ਰੰਗਿ ਪ੍ਰੀਤਮ ਰਾਤੀ ਗੁਰ ਕੈ ਸਬਦਿ ਵੀਚਾਰੀ ਜੀਉ॥		Rang Preetham Raathee Gur Kai Sabadh Veechaaree Jeeo ||	Imbued with the love of her Beloved, she contemplates the Word of the Guru's Shabad.	ਪ੍ਰਭੂ-ਪ੍ਰੀਤਮ ਦੇ ਪ੍ਰੇਮ-ਰੰਗ ਵਿਚ ਰੰਗੀ ਹੋਈ ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ ਵਿਚਾਰਵਾਨ ਹੋ ਜਾਂਦੀ ਹੈ।
29850	689	ਗੁਰ ਸਬਦਿ ਵੀਚਾਰੀ ਨਾਹ ਪਿਆਰੀ ਨਿਵਿ ਨਿਵਿ ਭਗਤਿ ਕਰੇਈ॥		Gur Sabadh Veechaaree Naah Piaaree Niv Niv Bhagath Karaeee ||	She contemplates the Guru's Shabads, and her Husband Lord loves her; in deep humility, she worships Him in loving devotion.	ਗੁਰੂ ਦੇ ਸ਼ਬਦ ਦਾ ਵਿਚਾਰ ਕਰਨ ਵਾਲੀ ਉਹ ਜੀਵ-ਇਸਤ੍ਰੀ ਖਸਮ-ਪ੍ਰਭੂ ਦੀ ਪਿਆਰੀ ਹੋ ਜਾਂਦੀ ਹੈ ਤੇ ਨਿਉਂ ਨਿਉਂ ਕੇ (ਭਾਵ, ਪੂਰਨ ਨਿਮ੍ਰਤਾ-ਸਰਧਾ ਨਾਲ) ਪ੍ਰਭੂ ਦੀ ਭਗਤੀ ਕਰਦੀ ਹੈ।
29851	689	ਮਾਇਆ ਮੋਹੁ ਜਲਾਏ ਪ੍ਰੀਤਮੁ ਰਸ ਮਹਿ ਰੰਗੁ ਕਰੇਈ॥		Maaeiaa Mohu Jalaaeae Preetham Ras Mehi Rang Karaeee ||	She burns away her emotional attachment to Maya, and in love, she loves her Beloved.	ਪ੍ਰਭੂ-ਪ੍ਰੀਤਮ (ਉਸ ਦੇ ਅੰਦਰੋਂ) ਮਾਇਆ ਦਾ ਮੋਹ ਸਾੜ ਦੇਂਦਾ ਹੈ, ਤੇ ਉਹ ਉਸ ਦੇ ਨਾਮ-ਰਸ ਵਿਚ (ਭਿੱਜ ਕੇ) ਉਸ ਦੇ ਮਿਲਾਪ ਦਾ ਆਨੰਦ ਲੈਂਦੀ ਹੈ।
29852	689	ਪ੍ਰਭ ਸਾਚੇ ਸੇਤੀ ਰੰਗਿ ਰੰਗੇਤੀ ਲਾਲ ਭਈ ਮਨੁ ਮਾਰੀ॥		Prabh Saachae Saethee Rang Rangaethee Laal Bhee Man Maaree ||	She is imbued and drenched with the Love of the True Lord; she has become beautiful, by conquering her mind.	ਸਦਾ-ਥਿਰ ਪ੍ਰਭੂ ਦੇ ਨਾਲ (ਜੁੜ ਕੇ) ਉਸ ਦੇ ਨਾਮ-ਰੰਗ ਵਿਚ ਰੰਗੀਜ ਕੇ ਜੀਵ-ਇਸਤ੍ਰੀ ਆਪਣੇ ਮਨ ਨੂੰ ਮਾਰ ਕੇ ਸੋਹਣੇ ਜੀਵਨ ਵਾਲੀ ਬਣ ਜਾਂਦੀ ਹੈ।

29853	689	ਨਾਨਕ ਸਾਚਿ ਵਸੀ ਸੋਹਾਗਣਿ ਪਿਰ ਸਿਉ ਪ੍ਰੀਤਿ ਪਿਆਰੀ॥੩॥		Naanak Saach Vasee Sohaagan Pir Sio Preeth Piaaree ||3||	O Nanak, the happy soul-bride abides in Truth; she loves to love her Husband Lord. ||3||	ਹੇ ਨਾਨਕ! ਸਦਾ-ਥਿਰ ਪ੍ਰਭੂ ਦੀ ਯਾਦ ਵਿਚ ਟਿਕੀ ਹੋਈ ਸੁਭਾਗ ਜੀਵ-ਇਸਤ੍ਰੀ ਪ੍ਰਭੂ-ਪਤੀ ਨਾਲ ਪ੍ਰੀਤਿ ਕਰਦੀ ਹੈ, ਪਤੀ ਦੀ ਪਿਆਰੀ ਹੋ ਜਾਂਦੀ ਹੈ ॥੩॥
29854	689	ਪਿਰ ਘਰਿ ਸੋਹੈ ਨਾਰਿ ਜੇ ਪਿਰ ਭਾਵਏ ਜੀਉ॥	ਭਾ–ਵਏ	Pir Ghar Sohai Naar Jae Pir Bhaaveae Jeeo ||	The soul-bride looks so beautiful in the home of her Husband Lord, if she is pleasing to Him.	ਜੀਵ-ਇਸਤ੍ਰੀ ਪ੍ਰਭੂ-ਪਤੀ ਦੇ ਦਰ ਤੇ ਤਦੋਂ ਹੀ ਸੋਭਾ ਪਾਂਦੀ ਹੈ ਜਦੋਂ ਉਹ ਪ੍ਰਭੂ-ਪਤੀ ਨੂੰ ਪਸੰਦ ਆ ਜਾਂਦੀ ਹੈ।
29855	689	ਝੂਠੇ ਵੈਣ ਚਵੇ ਕਾਮਿ ਨ ਆਵਏ ਜੀਉ॥	(ਵੈਣ) ਬੋਲ। (ਚਵੈ) ਬੋਲੇ। ਆ–ਵਏ	Jhoothae Vain Chavae Kaam N Aaveae Jeeo ||	It is of no use at all to speak false words.	(ਪਰ ਜੇਹੜੀ ਜੀਵ-ਇਸਤ੍ਰੀ ਅੰਦਰੋਂ ਪਿਆਰ ਤੋਂ ਸੱਖਣੀ ਹੋਵੇ ਤੇ ਬਾਹਰੋਂ ਪ੍ਰੇਮ ਦੱਸਣ ਲਈ) ਝੂਠੇ ਬੋਲ ਬੋਲੇ, (ਉਸ ਦਾ ਕੋਈ ਵੀ ਬੋਲ ਪ੍ਰਭੂ-ਪਤੀ ਦਾ ਪਿਆਰ ਜਿੱਤਣ ਲਈ) ਕੰਮ ਨਹੀਂ ਆ ਸਕਦਾ।
29856	689	ਝੂਠੁ ਅਲਾਵੈ ਕਾਮਿ ਨ ਆਵੈ ਨਾ ਪਿਰੁ ਦੇਖੈ ਨੈਣੀ॥		Jhooth Alaavai Kaam N Aavai Naa Pir Dhaekhai Nainee ||	If she speaks false, it is of no use to her, and she does not see her Husband Lord with her eyes.	(ਜੇਹੜੀ ਜੀਵ-ਇਸਤ੍ਰੀ) ਝੂਠਾ ਬੋਲ ਹੀ ਬੋਲਦੀ ਹੈ (ਉਹ ਬੋਲ) ਉਸ ਦੇ ਕੰਮ ਨਹੀਂ ਆਉਂਦਾ, ਪ੍ਰਭੂ-ਪਤੀ ਉਸ ਵਲ ਤੱਕਦਾ ਭੀ ਨਹੀਂ।

29857	689	ਅਵਗੁਣਿਆਰੀ ਕੰਤਿ ਵਿਸਾਰੀ ਛੂਟੀ ਵਿਧਣ ਰੈਣੀ॥	(ਵਿਧਣ) ਨਿਖਸਮੀ	Avaguniaaree Kanth Visaaree Shhoottee Vidhhan Rainee ||	Worthless, forgotten and abandoned by her Husband Lord, she passes her life-night without her Lord and Master.	ਉਸ ਔਗੁਣ-ਭਰੀ ਨੂੰ ਖਸਮ-ਪ੍ਰਭੂ ਨੇ ਤਿਆਗ ਦਿੱਤਾ ਹੁੰਦਾ ਹੈ, ਉਹ ਛੁੱਟੜ ਹੋ ਜਾਂਦੀ ਹੈ, ਉਸ ਦੀ ਜ਼ਿੰਦਗੀ ਦੀ ਰਾਤ ਦੁੱਖਾਂ ਵਿਚ ਲੰਘਦੀ ਹੈ।
29858	689	ਗੁਰ ਸਬਦੁ ਨ ਮਾਨੈ ਫਾਹੀ ਫਾਥੀ ਸਾ ਧਨ ਮਹਲੁ ਨ ਪਾਏ॥		Gur Sabadh N Maanai Faahee Faathhee Saa Dhhan Mehal N Paaeae ||	Such a wife does not believe in the Word of the Guru's Shabad; she is caught in the net of the world, and does not obtain the Mansion of the Lord's Presence.	ਜੇਹੜੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਨੂੰ ਹਿਰਦੇ ਵਿਚ ਨਹੀਂ ਵਸਾਂਦੀ, ਉਹੀ ਮਾਇਆ-ਮੋਹ ਦੀ ਫਾਹੀ ਵਿਚ ਫਸੀ ਰਹਿੰਦੀ ਹੈ, ਉਹ ਪ੍ਰਭੂ-ਪਤੀ ਦਾ ਦਰ-ਘਰ ਨਹੀਂ ਲੱਭ ਸਕਦੀ।
29859	689	ਨਾਨਕ ਆਪੇ ਆਪੁ ਪਛਾਣੈ ਗੁਰਮੁਖਿ ਸਹਜਿ ਸਮਾਏ॥੪॥		Naanak Aapae Aap Pashhaanai Guramukh Sehaj Samaaeae ||4||	O Nanak, if she understands her own self, then, as Gurmukh, she merges in celestial peace. ||4||	ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਜੇਹੜੀ ਜੀਵ-ਇਸਤ੍ਰੀ ਆਪਣੇ ਅਸਲੇ ਨੂੰ ਪਛਾਣਦੀ ਹੈ, ਉਹ ਆਤਮਕ ਅਡੋਲਤਾ ਵਿਚ ਲੀਨ ਰਹਿੰਦੀ ਹੈ ॥੪॥
29860	689	ਧਨ ਸੋਹਾਗਣਿ ਨਾਰਿ ਜਿਨਿ ਪਿਰੁ ਜਾਣਿਆ ਜੀਉ॥		Dhhan Sohaagan Naar Jin Pir Jaaniaa Jeeo ||	Blessed is that soul-bride, who knows her Husband Lord.	ਉਹ ਜੀਵ-ਇਸਤ੍ਰੀ ਮੁਬਾਰਕ ਹੈ ਚੰਗੇ ਭਾਗਾਂ ਵਾਲੀ ਹੈ ਜਿਸ ਨੇ ਖਸਮ-ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ ਹੈ।

29861	689	ਨਾਮ ਬਿਨਾ ਕੂੜਿਆਰਿ ਕੂੜੁ ਕਮਾਣਿਆ ਜੀਉ॥		Naam Binaa Koorriaar Koorr Kamaaniaa Jeeo ||	Without the Naam, she is false, and her actions are false as well.	ਪਰ ਜਿਸ ਨੇ ਉਸ ਦੀ ਯਾਦ ਭੁਲਾ ਦਿੱਤੀ ਹੈ, ਉਹ ਕੂੜ ਦੀ ਵਣਜਾਰਨ ਹੈ ਉਹ ਕੂੜ ਹੀ ਕਮਾਂਦੀ ਹੈ (ਭਾਵ, ਉਹ ਨਾਸਵੰਤ ਪਦਾਰਥਾਂ ਦੀ ਦੌੜ-ਭੱਜ ਹੀ ਕਰਦੀ ਰਹਿੰਦੀ ਹੈ)।
29862	689	ਹਰਿ ਭਗਤਿ ਸੁਹਾਵੀ ਸਾਚੇ ਭਾਵੀ ਭਾਇ ਭਗਤਿ ਪ੍ਰਭ ਰਾਤੀ॥		Har Bhagath Suhaavee Saachae Bhaavee Bhaae Bhagath Prabh Raathee ||	Devotional worship of the Lord is beautiful; the True Lord loves it. So immerse yourself in loving devotional worship of God.	ਜੇਹੜੀ ਜੀਵ-ਇਸਤ੍ਰੀ ਪ੍ਰਭੂ ਦੀ ਭਗਤੀ ਨਾਲ ਆਪਣਾ ਜੀਵਨ ਸੋਹਣਾ ਬਣਾ ਲੈਂਦੀ ਹੈ, ਉਹ ਸਦਾ-ਥਿਰ ਪ੍ਰਭੂ ਨੂੰ ਪਿਆਰੀ ਲੱਗਦੀ ਹੈ, ਉਹ ਪ੍ਰਭੂ ਦੇ ਪ੍ਰੇਮ ਵਿਚ ਪ੍ਰਭੂ ਦੀ ਭਗਤੀ ਵਿਚ ਮਸਤ ਰਹਿੰਦੀ ਹੈ।
29863	689	ਪਿਰੁ ਰਲੀਆਲਾ ਜੋਬਨਿ ਬਾਲਾ ਤਿਸੁ ਰਾਵੇ ਰੰਗਿ ਰਾਤੀ॥	(ਰਲੀਆਲਾ) ਅਨੰਦ ਦਾ ਘਰ	Pir Raleeaalaa Joban Baalaa This Raavae Rang Raathee ||	My Husband Lord is playful and innocent; imbued with His Love, I enjoy Him.	ਆਨੰਦ ਦਾ ਸੋਮਾ ਤੇ ਸਦਾ ਹੀ ਜਵਾਨ ਰਹਿਣ ਵਾਲਾ ਪ੍ਰਭੂ-ਪਤੀ ਉਸ ਪ੍ਰੇਮ-ਰੰਗ ਵਿਚ ਰੰਗੀ ਹੋਈ ਜੀਵ-ਇਸਤ੍ਰੀ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ।
29864	689	ਗੁਰ ਸਬਦਿ ਵਿਗਾਸੀ ਸਹੁ ਰਾਵਾਸੀ ਫਲੁ ਪਾਇਆ ਗੁਣਕਾਰੀ॥		Gur Sabadh Vigaasee Sahu Raavaasee Fal Paaeiaa Gunakaaree ||	She blossoms forth through the Word of the Guru's Shabad; she ravishes her Husband Lord, and obtains the most noble reward.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਖਿੜੇ ਹਿਰਦੇ ਵਾਲੀ ਜੀਵ-ਇਸਤ੍ਰੀ ਪ੍ਰਭੂ-ਪਤੀ ਦੇ ਮਿਲਾਪ ਦਾ ਆਨੰਦ ਮਾਣਦੀ ਹੈ, ਗੁਰੂ ਦੇ ਸ਼ਬਦ ਵਿਚ ਜੁੜਨ ਦਾ (ਇਹ) ਫਲ ਉਸ ਨੂੰ ਮਿਲਦਾ ਹੈ ਕਿ ਉਸ ਦੇ ਅੰਦਰ ਆਤਮਕ ਗੁਣ ਪੈਦਾ ਹੋ ਜਾਂਦੇ ਹਨ।

29865	689	ਨਾਨਕ ਸਾਚੁ ਮਿਲੈ ਵਡਿਆਈ ਪਿਰ ਘਰਿ ਸੋਹੈ ਨਾਰੀ॥੫॥੩॥		Naanak Saach Milai Vaddiaaee Pir Ghar Sohai Naaree ||5||3||	O Nanak, in Truth, she obtains glory; in her Husband's home, the soul-bride looks beautiful. ||5||3||	ਹੇ ਨਾਨਕ! ਉਸ ਨੂੰ ਸਦਾ-ਥਿਰ ਪ੍ਰਭੂ ਮਿਲ ਪੈਂਦਾ ਹੈ, ਉਸ ਨੂੰ (ਪ੍ਰਭੂ-ਦਰ ਤੇ) ਆਦਰ ਮਿਲਦਾ ਹੈ, ਉਹ ਪ੍ਰਭੂ-ਪਤੀ ਦੇ ਦਰ ਤੇ ਸੋਭਾ ਪਾਂਦੀ ਹੈ ॥੫॥੩॥
29866	690	ਧਨਾਸਰੀ ਛੰਤ ਮਹਲਾ ੪ ਘਰੁ ੧		Dhhanaasaree Shhanth Mehalaa 4 Ghar 1	Dhanaasaree, Chhant, Fourth Mehl, First House:	ਰਾਗ ਧਨਾਸਰੀ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਛੰਤ' (ਛੰਦ)।
29867	690	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
29868	690	ਹਰਿ ਜੀਉ ਕ੍ਰਿਪਾ ਕਰੇ ਤਾ ਨਾਮੁ ਧਿਆਈਐ ਜੀਉ॥		Har Jeeo Kirapaa Karae Thaa Naam Dhhiaaeeai Jeeo ||	When the Dear Lord grants His Grace, one meditates on the Naam, the Name of the Lord.	ਹੇ ਭਾਈ! ਜੇ ਪਰਮਾਤਮਾ ਆਪ ਕਿਰਪਾ ਕਰੇ, ਤਾਂ ਉਸ ਦਾ ਨਾਮ ਸਿਮਰਿਆ ਜਾ ਸਕਦਾ ਹੈ।
29869	690	ਸਤਿਗੁਰੁ ਮਿਲੈ ਸੁਭਾਇ ਸਹਜਿ ਗੁਣ ਗਾਈਐ ਜੀਉ॥		Sathigur Milai Subhaae Sehaj Gun Gaaeeai Jeeo ||	Meeting the True Guru, through loving faith and devotion, one intuitively sings the Glorious Praises of the Lord.	ਜੇ ਗੁਰੂ ਮਿਲ ਪਏ, ਤਾਂ (ਪ੍ਰਭੂ ਦੇ) ਪ੍ਰੇਮ ਵਿਚ (ਲੀਨ ਹੋ ਕੇ) ਆਤਮਕ ਅਡੋਲਤਾ ਵਿਚ (ਟਿਕ ਕੇ) ਪਰਮਾਤਮਾ ਦੇ ਗੁਣਾਂ ਨੂੰ ਗਾ ਸਕੀਦਾ ਹੈ।

29870	690	ਗੁਣ ਗਾਇ ਵਿਗਸੈ ਸਦਾ ਅਨ ਦਿਨੁ ਜਾ ਆਪਿ ਸਾਚੇ ਭਾਵਏ॥	ਵਿਗਸੈ। ਭਾਵ-ਏ	Gun Gaae Vigasai Sadhaa Anadhin Jaa Aap Saachae Bhaaveae ||	Singing His Glorious Praises continually, night and day, one blossoms forth, when it is pleasing to the True Lord.	(ਪਰਮਾਤਮਾ ਦੇ) ਗੁਣ ਗਾ ਕੇ (ਮਨੁੱਖ) ਸਦਾ ਹਰ ਵੇਲੇ ਖਿੜਿਆ ਰਹਿੰਦਾ ਹੈ, (ਪਰ ਇਹ ਤਦੋਂ ਹੀ ਹੋ ਸਕਦਾ ਹੈ) ਜਦੋਂ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਆਪ (ਇਹ ਮੇਹਰ ਕਰਨੀ) ਪਸੰਦ ਆਵੇ।
29871	690	ਅਹੰਕਾਰੁ ਹਉਮੈ ਤਜੈ ਮਾਇਆ ਸਹਜਿ ਨਾਮਿ ਸਮਾਵਏ॥	ਸਮਾਵ-ਏ	Ahankaar Houmai Thajai Maaeiaa Sehaj Naam Samaaveae ||	Egotism, self-conceit and Maya are forsaken, and he is intuitively absorbed into the Naam.	(ਗੁਣ ਗਾਣ ਦੀ ਬਰਕਤਿ ਨਾਲ ਮਨੁੱਖ) ਅਹੰਕਾਰ, ਹਉਮੈ, ਮਾਇਆ (ਦਾ ਮੋਹ) ਤਿਆਗ ਦੇਂਦਾ ਹੈ, ਅਤੇ, ਆਤਮਕ ਅਡੋਲਤਾ ਵਿਚ ਹਰਿ-ਨਾਮ ਵਿਚ ਲੀਨ ਹੋ ਜਾਂਦਾ ਹੈ।
29872	690	ਆਪਿ ਕਰਤਾ ਕਰੇ ਸੋਈ ਆਪਿ ਦੇਇ ਤ ਪਾਈਐ॥	ਦੇ-ਇ	Aap Karathaa Karae Soee Aap Dhaee Th Paaeeai ||	The Creator Himself acts; when He gives, then we receive.	(ਨਾਮ ਸਿਮਰਨ ਦੀ ਦਾਤਿ) ਉਹ ਪਰਮਾਤਮਾ ਆਪ ਹੀ ਕਰਦਾ ਹੈ, ਜਦੋਂ ਉਹ (ਇਹ ਦਾਤਿ) ਦੇਂਦਾ ਹੈ ਤਦੋਂ ਮਿਲਦੀ ਹੈ।
29873	690	ਹਰਿ ਜੀਉ ਕ੍ਰਿਪਾ ਕਰੇ ਤਾ ਨਾਮੁ ਧਿਆਈਐ ਜੀਉ॥੧॥		Har Jeeo Kirapaa Karae Thaa Naam Dhhiaaeeai Jeeo ||1||	When the Dear Lord grants His Grace, we meditate on the Naam. ||1||	ਹੇ ਭਾਈ! ਪਰਮਾਤਮਾ ਕਿਰਪਾ ਕਰੇ, ਤਾਂ ਉਸ ਦਾ ਨਾਮ ਸਿਮਰਿਆ ਜਾ ਸਕਦਾ ਹੈ ॥੧॥

29874	690	ਅੰਦਰਿ ਸਾਚਾ ਨੇਹੁ ਪੂਰੇ ਸਤਿਗੁਰੈ ਜੀਉ॥		Andhar Saachaa Naehu Poorae Sathigurai Jeeo ||	Deep within, I feel true love for the Perfect True Guru.	ਹੇ ਭਾਈ! ਪੂਰੇ ਗੁਰੂ ਦੀ ਰਾਹੀਂ (ਮੇਰੇ) ਮਨ ਵਿਚ (ਪਰਮਾਤਮਾ ਨਾਲ) ਸਦਾ-ਥਿਰ ਰਹਿਣ ਵਾਲਾ ਪਿਆਰ ਬਣ ਗਿਆ ਹੈ।
29875	690	ਹਉ ਤਿਸੁ ਸੇਵੀ ਦਿਨੁ ਰਾਤਿ ਮੈ ਕਦੇ ਨ ਵੀਸਰੈ ਜੀਉ॥		Ho This Saevee Dhin Raath Mai Kadhae N Veesarai Jeeo ||	I serve Him day and night; I never forget Him.	(ਗੁਰੂ ਦੀ ਕਿਰਪਾ ਨਾਲ) ਮੈਂ ਉਸ (ਪ੍ਰਭੂ) ਨੂੰ ਦਿਨ ਰਾਤ ਸਿਮਰਦਾ ਰਹਿੰਦਾ ਹਾਂ, ਮੈਨੂੰ ਉਹ ਕਦੇ ਭੀ ਨਹੀਂ ਭੁੱਲਦਾ।
29876	690	ਕਦੇ ਨ ਵਿਸਾਰੀ ਅਨ ਦਿਨੁ ਸਮ੍ਹਾਰੀ ਜਾ ਨਾਮੁ ਲਈ ਤਾ ਜੀਵਾ॥		Kadhae N Visaaree Anadhin Samhaaree Jaa Naam Lee Thaa Jeevaa ||	I never forget Him; I remember Him night and day. When I chant the Naam, then I live.	ਮੈਂ ਉਸ ਨੂੰ ਕਦੇ ਭੁਲਾਂਦਾ ਨਹੀਂ, ਮੈਂ ਹਰ ਵੇਲੇ (ਉਸ ਪ੍ਰਭੂ ਨੂੰ) ਹਿਰਦੇ ਵਿਚ ਵਸਾਈ ਰੱਖਦਾ ਹਾਂ। ਜਦੋਂ ਮੈਂ ਉਸ ਦਾ ਨਾਮ ਜਪਦਾ ਹਾਂ, ਤਦੋਂ ਮੈਨੂੰ ਆਤਮਕ ਜੀਵਨ ਪ੍ਰਾਪਤ ਹੁੰਦਾ ਹੈ।
29877	690	ਸ੍ਰਵਣੀ ਸੁਣੀ ਤ ਇਹ ਮਨੁ ਤ੍ਰਿਪਤੈ ਗੁਰਮੁਖਿ ਅੰਮ੍ਰਿਤੁ ਪੀਵਾ॥		Sravanee Sunee Th Eihu Man Thripathai Guramukh Anmrith Peevaa ||	With my ears, I hear about Him, and my mind is satisfied. As Gurmukh, I drink in the Ambrosial Nectar.	ਜਦੋਂ ਮੈਂ ਆਪਣੇ ਕੰਨਾਂ ਨਾਲ (ਹਰਿ-ਨਾਮ) ਸੁਣਦਾ ਹਾਂ ਤਦੋਂ (ਮੇਰਾ) ਇਹ ਮਨ (ਮਾਇਆ ਵਲੋਂ) ਰੱਜ ਜਾਂਦਾ ਹੈ।

29878	690	ਨਦਰਿ ਕਰੇ ਤਾ ਸਤਿਗੁਰੁ ਮੇਲੇ ਅਨ ਦਿਨੁ ਬਿਬੇਕ ਬੁਧਿ ਬਿਚਰੈ॥		Nadhar Karae Thaa Sathigur Maelae Anadhin Bibaek Budhh Bicharai ||	If He bestows His Glance of Grace, then I shall meet the True Guru; my discriminating intellect would contemplate Him, night and day.	ਹੇ ਭਾਈ! ਮੈਂ ਗੁਰੂ ਦੀ ਸਰਨ ਪੈ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਰਹਿੰਦਾ ਹਾਂ (ਜਦੋਂ ਪ੍ਰਭੂ ਮਨੁੱਖ ਉਤੇ ਮੇਹਰ ਦੀ) ਨਿਗਾਹ ਕਰਦਾ ਹੈ, ਤਦੋਂ (ਉਸ ਨੂੰ) ਗੁਰੂ ਮਿਲਾਂਦਾ ਹੈ (ਤਦੋਂ ਹਰ ਵੇਲੇ ਉਸ ਮਨੁੱਖ ਦੇ ਅੰਦਰ) ਚੰਗੇ ਮੰਦੇ ਦੀ ਪਰਖ ਕਰ ਸਕਣ ਵਾਲੀ ਅਕਲ ਕੰਮ ਕਰਦੀ ਹੈ।
29879	690	ਅੰਦਰਿ ਸਾਚਾ ਨੇਹੁ ਪੂਰੇ ਸਤਿਗੁਰੈ॥੨॥		Andhar Saachaa Naehu Poorae Sathigurai ||2||	Deep within, I feel true love for the Perfect True Guru. ||2||	ਹੇ ਭਾਈ! ਪੂਰੇ ਗੁਰੂ ਦੀ ਕਿਰਪਾ ਨਾਲ ਮੇਰੇ ਅੰਦਰ (ਪ੍ਰਭੂ ਨਾਲ) ਸਦਾ ਕਾਇਮ ਰਹਿਣ ਵਾਲਾ ਪਿਆਰ ਬਣ ਗਿਆ ਹੈ ॥੨॥
29880	690	ਸਤਸੰਗਤਿ ਮਿਲੈ ਵਡਭਾਗਿ ਤਾ ਹਰਿ ਰਸੁ ਆਵਏ ਜੀਉ॥		Sathasangath Milai Vaddabhaag Thaa Har Ras Aaveae Jeeo ||	By great good fortune, one joins the Sat Sangat, the True Congregation; then, one comes to savor the subtle essence of the Lord.	(ਜਿਸ ਮਨੁੱਖ ਨੂੰ) ਵੱਡੀ ਕਿਸਮਤ ਨਾਲ ਸਾਧ ਸੰਗਤਿ ਪ੍ਰਾਪਤ ਹੋ ਜਾਂਦੀ ਹੈ, ਤਾਂ ਉਸ ਨੂੰ ਪਰਮਾਤਮਾ ਦੇ ਨਾਮ ਦਾ ਸੁਆਦ ਆਉਣ ਲੱਗ ਪੈਂਦਾ ਹੈ,
29881	690	ਅਨ ਦਿਨੁ ਰਹੈ ਲਿਵ ਲਾਇ ਤ ਸਹਜਿ ਸਮਾਵਏ ਜੀਉ॥		Anadhin Rehai Liv Laae Th Sehaj Samaaveae Jeeo ||	Night and day, he remains lovingly focused on the Lord; he merges in celestial peace.	ਉਹ ਹਰ ਵੇਲੇ (ਪ੍ਰਭੂ ਦੀ ਯਾਦ ਵਿਚ) ਸੁਰਤਿ ਜੋੜੀ ਰੱਖਦਾ ਹੈ, ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ।

29882	690	ਸਹਜਿ ਸਮਾਵੈ ਤਾ ਹਰਿ ਮਨਿ ਭਾਵੈ ਸਦਾ ਅਤੀਤੁ ਬੈਰਾਗੀ॥		Sehaj Samaavai Thaa Har Man Bhaavai Sadhaa Atheeth Bairaagee ||	Merging in celestial peace, he becomes pleasing to the Lord's Mind; he remains forever unattached and untouched.	ਜਦੋਂ ਮਨੁੱਖ ਆਤਮਕ ਅਡੋਲਤਾ ਵਿਚ ਲੀਨ ਹੋ ਜਾਂਦਾ ਹੈ, ਤਦੋਂ ਪਰਮਾਤਮਾ ਦੇ ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ, ਤਦੋਂ ਮਾਇਆ ਦੇ ਮੋਹ ਤੋਂ ਪਰੇ ਲੰਘ ਜਾਂਦਾ ਹੈ, ਨਿਰਲੇਪ ਹੋ ਜਾਂਦਾ ਹੈ।
29883	690	ਹਲਤਿ ਪਲਤਿ ਸੋਭਾ ਜਗ ਅੰਤਰਿ ਰਾਮ ਨਾਮਿ ਲਿਵ ਲਾਗੀ॥	ਜੱਗ	Halath Palath Sobhaa Jag Anthar Raam Naam Liv Laagee ||	He receives honor in this world and the next, lovingly focused on the Lord's Name.	ਇਸ ਲੋਕ ਵਿਚ, ਪਰਲੋਕ ਵਿਚ, ਸਾਰੇ ਸੰਸਾਰ ਵਿਚ ਉਸ ਦੀ ਸੋਭਾ ਹੋਣ ਲੱਗ ਪੈਂਦੀ ਹੈ, ਪਰਮਾਤਮਾ ਦੇ ਨਾਮ ਵਿਚ ਉਸ ਦੀ ਲਗਨ ਲੱਗੀ ਰਹਿੰਦੀ ਹੈ।
29884	690	ਹਰਖ ਸੋਗ ਦੁਹਾ ਤੇ ਮੁਕਤਾ ਜੋ ਪ੍ਰਭੁ ਕਰੇ ਸੁ ਭਾਵਏ॥		Harakh Sog Dhuhaa Thae Mukathaa Jo Prabh Karae S Bhaaveae ||	He is liberated from both pleasure and pain; he is pleased by whatever God does.	ਉਹ ਮਨੁੱਖ ਖ਼ੁਸ਼ੀ ਗ਼ਮੀ ਦੋਹਾਂ ਤੋਂ ਸੁਤੰਤਰ ਹੋ ਜਾਂਦਾ ਹੈ, ਜੋ ਕੁਝ ਪਰਮਾਤਮਾ ਕਰਦਾ ਹੈ ਉਹ ਉਸ ਨੂੰ ਚੰਗਾ ਲੱਗਣ ਲੱਗ ਪੈਂਦਾ ਹੈ।
29885	690	ਸਤਸੰਗਤਿ ਮਿਲੈ ਵਡਭਾਗਿ ਤਾ ਹਰਿ ਰਸੁ ਆਵਏ ਜੀਉ॥੩॥		Sathasangath Milai Vaddabhaag Thaa Har Ras Aaveae Jeeo ||3||	By great good fortune, one joins the Sat Sangat, the True Congregation, and then, one comes to savor the subtle essence of the Lord. ||3||	ਹੇ ਭਾਈ! ਜਦੋਂ ਵੱਡੀ ਕਿਸਮਤ ਨਾਲ ਕਿਸੇ ਮਨੁੱਖ ਨੂੰ ਸਾਧ ਸੰਗਤਿ ਪ੍ਰਾਪਤ ਹੁੰਦੀ ਹੈ ਤਦੋਂ ਉਸ ਨੂੰ ਪਰਮਾਤਮਾ ਦੇ ਨਾਮ ਦਾ ਰਸ ਆਉਣ ਲੱਗ ਪੈਂਦਾ ਹੈ ॥੩॥

29886	690	ਦੂਜੈ ਭਾਇ ਦੁਖੁ ਹੋਇ ਮਨਮੁਖ ਜਮਿ ਜੋਹਿਆ ਜੀਉ॥		Dhoojai Bhaae Dhukh Hoe Manamukh Jam Johiaa Jeeo ||	In the love of duality, there is pain and suffering; the Messenger of Death eyes the self-willed manmukhs.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੂੰ ਆਤਮਕ ਮੌਤ ਨੇ ਸਦਾ ਆਪਣੀ ਤੱਕ ਵਿਚ ਰੱਖਿਆ ਹੋਇਆ ਹੈ, ਮਾਇਆ ਦੇ ਮੋਹ ਦੇ ਕਾਰਨ ਉਸ ਨੂੰ ਸਦਾ ਦੁੱਖ ਵਿਆਪਦਾ ਹੈ।
29887	690	ਹਾਇ ਹਾਇ ਕਰੇ ਦਿਨੁ ਰਾਤਿ ਮਾਇਆ ਦੁਖਿ ਮੋਹਿਆ ਜੀਉ॥		Haae Haae Karae Dhin Raath Maaeiaa Dhukh Mohiaa Jeeo ||	They cry and howl, day and night, caught by the pain of Maya.	ਉਹ ਦਿਨ ਰਾਤ 'ਹਾਇ ਹਾਇ' ਕਰਦਾ ਰਹਿੰਦਾ ਹੈ, ਮਾਇਆ ਦੇ ਦੁੱਖ ਵਿਚ ਫਸਿਆ ਰਹਿੰਦਾ ਹੈ।
29888	690	ਮਾਇਆ ਦੁਖਿ ਮੋਹਿਆ ਹਉਮੈ ਰੋਹਿਆ ਮੇਰੀ ਮੇਰੀ ਕਰਤ ਵਿਹਾਵਏ॥	(ਰੋਹਿਆ) ਕ੍ਰੋਧਵਾਨ। ਵਿਹਾਵ-ਏ	Maaeiaa Dhukh Mohiaa Houmai Rohiaa Maeree Maeree Karath Vihaaveae ||	Caught by the pain of Maya, provoked by his ego, he passes his life crying out, ""Mine, mine!"".	ਉਹ ਸਦਾ ਮਾਇਆ ਦੇ ਦੁੱਖ ਵਿਚ ਗ੍ਰਸਿਆ ਹੋਇਆ ਹਉਮੈ ਦੇ ਕਾਰਨ ਕ੍ਰੋਧਾਤੁਰ ਭੀ ਰਹਿੰਦਾ ਹੈ। ਉਸ ਦੀ ਸਾਰੀ ਉਮਰ 'ਮੇਰੀ ਮਾਇਆ, ਮੇਰੀ ਮਾਇਆ' ਕਰਦਿਆਂ ਲੰਘ ਜਾਂਦੀ ਹੈ।
29889	690	ਜੋ ਪ੍ਰਭੁ ਦੇਇ ਤਿਸੁ ਚੇਤੈ ਨਾਹੀ ਅੰਤਿ ਗਇਆ ਪਛੁਤਾਵਏ॥	ਪਛੁਤਾਵ-ਏ	Jo Prabh Dhaee This Chaethai Naahee Anth Gaeiaa Pashhuthaaveae ||	He does not remember God, the Giver, and in the end, he departs regretting and repenting.	ਜੇਹੜਾ ਪਰਮਾਤਮਾ (ਉਸ ਨੂੰ ਸਭ ਕੁਝ) ਦੇ ਰਿਹਾ ਹੈ ਉਸ ਪਰਮਾਤਮਾ ਨੂੰ ਉਹ ਕਦੇ ਚੇਤੇ ਨਹੀਂ ਕਰਦਾ, ਆਖ਼ਰ ਜਦੋਂ ਇਥੋਂ ਤੁਰਦਾ ਹੈ ਤਾਂ ਪਛੁਤਾਂਦਾ ਹੈ।

29890	690	ਬਿਨੁ ਨਾਵੈ ਕੋ ਸਾਥਿ ਨ ਚਾਲੈ ਪੁਤ੍ਰ ਕਲਤ੍ਰ ਮਾਇਆ ਧੋਹਿਆ॥	(ਧੋਹਿਆ) ਠੱਗਿਆ। ਕ-ਲੱਤ੍ਰ	Bin Naavai Ko Saathh N Chaalai Puthr Kalathr Maaeiaa Dhohiaa ||	Without the Name, nothing shall go along with him; not his children, spouse or the enticements of Maya.	ਪੁੱਤਰ ਇਸਤ੍ਰੀ (ਆਦਿਕ) ਹਰਿ-ਨਾਮ ਤੋਂ ਬਿਨਾ ਕੋਈ ਭੀ (ਮਨੁੱਖ ਦੇ) ਨਾਲ ਨਹੀਂ ਜਾਂਦਾ, ਦੁਨੀਆ ਦੀ ਮਾਇਆ ਉਸ ਨੂੰ ਛਲ ਲੈਂਦੀ ਹੈ।
29891	690	ਦੂਜੈ ਭਾਇ ਦੁਖੁ ਹੋਇ ਮਨਮੁਖਿ ਜਮਿ ਜੋਹਿਆ ਜੀਉ॥੪॥		Dhoojai Bhaae Dhukh Hoe Manamukh Jam Johiaa Jeeo ||4||	In the love of duality, there is pain and suffering; the Messenger of Death eyes the self-willed manmukhs. ||4||	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੂੰ ਆਤਮਕ ਮੌਤ ਗ੍ਰਸੀ ਰੱਖਦੀ ਹੈ, ਮਾਇਆ ਦੇ ਮੋਹ ਦੇ ਕਾਰਨ ਉਸ ਨੂੰ ਸਦਾ ਦੁੱਖ ਵਿਆਪਦਾ ਹੈ ॥੪॥
29892	690	ਕਰਿ ਕਿਰਪਾ ਲੇਹੁ ਮਿਲਾਇ ਮਹਲੁ ਹਰਿ ਪਾਇਆ ਜੀਉ॥		Kar Kirapaa Laehu Milaae Mehal Har Paaeiaa Jeeo ||	Granting His Grace, the Lord has merged me with Himself; I have found the Mansion of the Lord's Presence.	ਹੇ ਹਰੀ! ਜਿਸ ਮਨੁੱਖ ਨੂੰ ਤੂੰ (ਆਪਣੀ) ਕਿਰਪਾ ਕਰ ਕੇ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈਂ, ਉਸ ਨੂੰ ਤੇਰੀ ਹਜ਼ੂਰੀ ਪ੍ਰਾਪਤ ਹੋ ਜਾਂਦੀ ਹੈ।
29893	690	ਸਦਾ ਰਹੈ ਕਰ ਜੋੜਿ ਪ੍ਰਭੁ ਮਨਿ ਭਾਇਆ ਜੀਉ॥		Sadhaa Rehai Kar Jorr Prabh Man Bhaaeiaa Jeeo ||	I remain standing with my palms pressed together; I have become pleasing to God's Mind.	(ਹੇ ਭਾਈ! ਉਹ ਮਨੁੱਖ ਪ੍ਰਭੂ ਦੀ ਹਜ਼ੂਰੀ ਵਿਚ) ਸਦਾ ਹੱਥ ਜੋੜ ਕੇ ਟਿਕਿਆ ਰਹਿੰਦਾ ਹੈ, ਉਸ ਨੂੰ (ਆਪਣੇ) ਮਨ ਵਿਚ ਪ੍ਰਭੂ ਪਿਆਰਾ ਲੱਗਦਾ ਹੈ।

29894	690	ਪ੍ਰਭੁ ਮਨਿ ਭਾਵੈ ਤਾ ਹੁਕਮਿ ਸਮਾਵੈ ਹੁਕਮੁ ਮੰਨਿ ਸੁਖੁ ਪਾਇਆ॥		Prabh Man Bhaavai Thaa Hukam Samaavai Hukam Mann Sukh Paaeiaa ||	When one is pleasing to God's Mind, then he merges in the Hukam of the Lord's Command; surrendering to His Hukam, he finds peace.	ਜਦੋਂ ਮਨੁੱਖ ਨੂੰ ਆਪਣੇ ਮਨ ਵਿਚ ਪ੍ਰਭੂ ਪਿਆਰਾ ਲੱਗਦਾ ਹੈ, ਤਦੋਂ ਉਹ ਪ੍ਰਭੂ ਦੀ ਰਜ਼ਾ ਵਿਚ ਟਿਕ ਜਾਂਦਾ ਹੈ, ਤੇ, ਹੁਕਮ ਮੰਨ ਕੇ ਆਤਮਕ ਆਨੰਦ ਮਾਣਦਾ ਹੈ।
29895	690	ਅਨਦਿਨੁ ਜਪਤ ਰਹੈ ਦਿਨੁ ਰਾਤੀ ਸਹਜੇ ਨਾਮੁ ਧਿਆਇਆ॥		Anadhin Japath Rehai Dhin Raathee Sehajae Naam Dhhiaaeiaa ||	Night and day, he chants the Lord's Name, day and night; intuitively, naturally, he meditates on the Naam, the Name of the Lord.	ਉਹ ਮਨੁੱਖ ਹਰ ਵੇਲੇ ਦਿਨ ਰਾਤ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ, ਆਤਮਕ ਅਡੋਲਤਾ ਵਿਚ ਟਿਕ ਕੇ ਉਹ ਹਰਿ-ਨਾਮ ਸਿਮਰਦਾ ਰਹਿੰਦਾ ਹੈ।
29896	690	ਨਾਮੋ ਨਾਮੁ ਮਿਲੀ ਵਡਿਆਈ ਨਾਨਕ ਨਾਮੁ ਮਨਿ ਭਾਵਏ॥	ਭਾਵ-ਏ	Naamo Naam Milee Vaddiaaee Naanak Naam Man Bhaaveae ||	Through the Naam, the glorious greatness of the Naam is obtained; the Naam is pleasing to Nanak's mind.	ਹੇ ਨਾਨਕ! ਪਰਮਾਤਮਾ ਦਾ (ਹਰ ਵੇਲੇ) ਨਾਮ-ਸਿਮਰਨ (ਹੀ) ਉਸ ਨੂੰ ਵਡਿਆਈ ਮਿਲੀ ਰਹਿੰਦੀ ਹੈ, ਪ੍ਰਭੂ ਦਾ ਨਾਮ (ਉਸ ਨੂੰ ਆਪਣੇ) ਮਨ ਵਿਚ ਪਿਆਰਾ ਲੱਗਦਾ ਹੈ।
29897	690	ਕਰਿ ਕਿਰਪਾ ਲੇਹੁ ਮਿਲਾਇ ਮਹਲੁ ਹਰਿ ਪਾਵਏ ਜੀਉ॥੫॥੧॥	ਪਾਵ-ਏ	Kar Kirapaa Laehu Milaae Mehal Har Paaveae Jeeo ||5||1||	Granting His Grace, the Lord has merged me with Himself; I have found the Mansion of the Lord's Presence. ||5||1||	ਹੇ ਹਰੀ! (ਆਪਣੀ) ਕਿਰਪਾ ਕਰ ਕੇ (ਜਿਸ ਮਨੁੱਖ ਨੂੰ ਤੂੰ ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈਂ, ਉਸ ਨੂੰ ਤੇਰੀ ਹਜ਼ੂਰੀ ਪ੍ਰਾਪਤ ਹੋ ਜਾਂਦੀ ਹੈ ॥੫॥੧॥

29898	691	ਧਨਾਸਰੀ ਮਹਲਾ ੫ ਛੰਤ		Dhhanaasaree Mehalaa 5 Shhantha	Dhanaasaree, Fifth Mehl, Chhant:	ਰਾਗ ਧਨਾਸਰੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ' (ਛੰਦ)।
29899	691	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
29900	691	ਸਤਿਗੁਰ ਦੀਨ ਦਇਆਲ ਜਿਸੁ ਸੰਗਿ ਹਰਿ ਗਾਵੀਐ ਜੀਉ॥		Sathigur Dheen Dhaeiaal Jis Sang Har Gaaveeai Jeeo ||	The True Guru is merciful to the meek; in His Presence, the Lord's Praises are sung.	ਹੇ ਭਾਈ! ਉਹ ਗੁਰੂ ਦੀਨਾਂ ਉੱਤੇ ਦਇਆ ਕਰਨ ਵਾਲਾ ਹੈ ਜਿਸ ਦੀ ਸੰਗਤਿ ਵਿਚ (ਰਹਿ ਕੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ ਜਾ ਸਕਦੀ ਹੈ।
29901	691	ਅੰਮ੍ਰਿਤੁ ਹਰਿ ਕਾ ਨਾਮੁ ਸਾਧਸੰਗਿ ਰਾਵੀਐ ਜੀਉ॥		Anmrith Har Kaa Naam Saadhhasang Raaveeai Jeeo ||	The Ambrosial Name of the Lord is chanted in the Saadh Sangat, the Company of the Holy.	ਗੁਰੂ ਦੀ ਸੰਗਤਿ ਵਿਚ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਸਿਮਰਿਆ ਜਾ ਸਕਦਾ ਹੈ।
29902	691	ਭਜੁ ਸੰਗਿ ਸਾਧੂ ਇਕੁ ਅਰਾਧੂ ਜਨਮ ਮਰਨ ਦੁਖ ਨਾਸਏ॥	ਭਜੁ ਪੋਲਾ, ਨੱਾਸਏ ਕਸਕੇ	Bhaj Sang Saadhhoo Eik Araadhhoo Janam Maran Dhukh Naaseae ||	Vibrating, and worshipping the One Lord in the Company of the Holy, the pains of birth and death are removed.	ਹੇ ਭਾਈ! ਗੁਰੂ ਦੀ ਸੰਗਤਿ ਵਿਚ ਜਾਹ, (ਉਥੇ) ਇਕ ਪ੍ਰਭੂ ਦਾ ਸਿਮਰਨ ਕਰ, (ਸਿਮਰਨ ਦੀ ਬਰਕਤਿ ਨਾਲ) ਜਨਮ ਮਰਨ ਦਾ ਦੁੱਖ ਦੂਰ ਹੋ ਜਾਂਦਾ ਹੈ।

29903	691	ਧੁਰਿ ਕਰਮੁ ਲਿਖਿਆ ਸਾਚੁ ਸਿਖਿਆ ਕਟੀ ਜਮ ਕੀ ਫਾਸਏ॥	ਸਿੱਖਿਆ। ਫਾਸ-ਏ	Dhhur Karam Likhiaa Saach Sikhiaa Kattee Jam Kee Faaseae ||	Those who have such karma pre-ordained, study and learn the Truth; the noose of Death is removed from their necks.	(ਜਿਸ ਮਨੁੱਖ ਦੇ ਮੱਥੇ ਉੱਤੇ) ਧੁਰ ਦਰਗਾਹ ਤੋਂ (ਸਿਮਰਨ ਕਰਨ ਵਾਸਤੇ) ਬਖ਼ਸ਼ਸ਼ (ਦਾ ਲੇਖ) ਲਿਖਿਆ ਹੁੰਦਾ ਹੈ, ਉਹੀ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਸਿੱਖਿਆ ਗ੍ਰਹਣ ਕਰਦਾ ਹੈ, ਉਸ ਦੀ ਆਤਮਕ ਮੌਤ ਦੀ ਫਾਹੀ ਕੱਟੀ ਜਾਂਦੀ ਹੈ।
29904	691	ਭੈ ਭਰਮ ਨਾਠੇ ਛੁਟੀ ਗਾਠੇ ਜਮ ਪੰਥਿ ਮੂਲਿ ਨ ਆਵੀਐ॥		Bhai Bharam Naathae Shhuttee Gaathae Jam Panthh Mool N Aaveeai ||	Their fears and doubts are dispelled, the knot of death is untied, and they never have to walk on Death's path.	ਹੇ ਭਾਈ! ਸਿਮਰਨ ਦੀ ਬਰਕਤਿ ਨਾਲ ਸਾਰੇ ਡਰ ਸਾਰੇ ਭਰਮ ਨਾਸ ਹੋ ਜਾਂਦੇ ਹਨ, (ਮਨ ਵਿਚ ਬੱਝੀ ਹੋਈ) ਗੰਢ ਖੁਲ੍ਹ ਜਾਂਦੀ ਹੈ, ਆਤਮਕ ਮੌਤ ਸਹੇੜਨ ਵਾਲੇ ਰਸਤੇ ਉਤੇ ਬਿਲਕੁਲ ਨਹੀਂ ਤੁਰੀਦਾ।
29905	691	ਬਿਨਵੰਤਿ ਨਾਨਕ ਧਾਰਿ ਕਿਰਪਾ ਸਦਾ ਹਰਿ ਗੁਣ ਗਾਵੀਐ॥੧॥		Binavanth Naanak Dhhaar Kirapaa Sadhaa Har Gun Gaaveeai ||1||	Prays Nanak, shower me with Your Mercy, Lord; let me sing Your Glorious Praises forever. ||1||	ਨਾਨਕ ਬੇਨਤੀ ਕਰਦਾ ਹੈ-ਹੇ ਪ੍ਰਭੂ! ਮੇਹਰ ਕਰ ਕਿ ਅਸੀਂ ਜੀਵ ਸਦਾ ਤੇਰੀ ਸਿਫ਼ਤ-ਸਾਲਾਹ ਕਰਦੇ ਰਹੀਏ ॥੧॥
29906	691	ਨਿਧਰਿਆ ਧਰ ਏਕੁ ਨਾਮੁ ਨਿਰੰਜਨੋ ਜੀਉ॥		Nidhhariaa Dhhar Eaek Naam Niranjano Jeeo ||	The Name of the One, Immaculate Lord is the Support of the unsupported.	ਹੇ ਪ੍ਰਭੂ! ਤੂੰ ਮਾਇਆ ਦੀ ਕਾਲਖ ਤੋਂ ਰਹਿਤ ਹੈਂ, ਤੇਰਾ ਨਾਮ ਹੀ ਨਿਆਸਰਿਆਂ ਦਾ ਆਸਰਾ ਹੈ।

29907	691	ਤੂ ਦਾਤਾ ਦਾਤਾਰੁ ਸਰਬ ਦੁਖ ਭੰਜਨੋ ਜੀਉ॥		Thoo Dhaathaa Dhaathaar Sarab Dhukh Bhanjano Jeeo ||	You are the Giver, the Great Giver, the Dispeller of all sorrow.	ਤੂੰ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈਂ, ਤੂੰ ਸਭਨਾਂ ਦੇ ਦੁੱਖ ਨਾਸ ਕਰਨ ਵਾਲਾ ਹੈਂ।
29908	691	ਦੁਖ ਹਰਤ ਕਰਤਾ ਸੁਖਹ ਸੁਆਮੀ ਸਰਣਿ ਸਾਧੂ ਆਇਆ॥		Dhukh Harath Karathaa Sukheh Suaamee Saran Saadhhoo Aaeiaa ||	O Destroyer of pain, Creator Lord, Master of peace and bliss, I have come seeking the Sanctuary of the Holy;	ਹੇ (ਸਭ ਜੀਵਾਂ ਦੇ) ਦੁੱਖ ਨਾਸ ਕਰਨ ਵਾਲੇ, ਸਭ ਦੇ ਪੈਦਾ ਕਰਨ ਵਾਲੇ, ਸਾਰੇ ਸੁਖਾਂ ਦੇ ਮਾਲਕ-ਪ੍ਰਭੂ! ਜੇਹੜਾ ਮਨੁੱਖ ਗੁਰੂ ਦੀ ਸਰਨ ਆਉਂਦਾ ਹੈ,
29909	691	ਸੰਸਾਰੁ ਸਾਗਰੁ ਮਹਾ ਬਿਖੜਾ ਪਲ ਏਕ ਮਾਹਿ ਤਰਾਇਆ॥		Sansaar Saagar Mehaa Bikharraa Pal Eaek Maahi Tharaaeiaa ||	Please, help me to cross over the terrifying and difficult world-ocean in an instant.	ਉਸ ਨੂੰ ਤੂੰ ਇਸ ਬੜੇ ਔਖੇ ਸੰਸਾਰ-ਸਮੁੰਦਰ ਤੋਂ ਇਕ ਛਿਨ ਵਿਚ ਪਾਰ ਲੰਘਾ ਦੇਂਦਾ ਹੈਂ।
29910	691	ਪੂਰਿ ਰਹਿਆ ਸਰਬ ਥਾਈ ਗੁਰ ਗਿਆਨੁ ਨੇਤ੍ਰੀ ਅੰਜਨੋ॥	ਥਾਂਈਂ	Poor Rehiaa Sarab Thhaaee Gur Giaan Naethree Anjano ||	I saw the Lord pervading and permeating everywhere, when the healing ointment of the Guru's wisdom was applied to my eyes.	ਹੇ ਪ੍ਰਭੂ! ਗੁਰੂ ਦਾ ਦਿੱਤਾ ਗਿਆਨ-ਸੁਰਮਾ ਜਿਸ ਮਨੁੱਖ ਦੀਆਂ ਅੱਖਾਂ ਵਿਚ ਪੈਂਦਾ ਹੈ, ਉਸ ਨੂੰ ਤੂੰ ਸਭ ਥਾਵਾਂ ਵਿਚ ਵਿਆਪਕ ਦਿੱਸਦਾ ਹੈਂ।

29911	691	ਬਿਨਵੰਤਿ ਨਾਨਕ ਸਦਾ ਸਿਮਰੀ ਸਰਬ ਦੁਖ ਭੈ ਭੰਜਨੋ॥੨॥		Binavanth Naanak Sadhaa Simaree Sarab Dhukh Bhai Bhanjano ||2||	Prays Nanak, remember Him forever in meditation, the Destroyer of all sorrow and fear. ||2||	ਨਾਨਕ ਬੇਨਤੀ ਕਰਦਾ ਹੈ-ਹੇ ਸਾਰੇ ਦੁੱਖਾਂ ਦੇ ਨਾਸ ਕਰਨ ਵਾਲੇ! (ਮੇਹਰ ਕਰ) ਮੈਂ ਸਦਾ ਤੇਰਾ ਨਾਮ ਸਿਮਰਦਾ ਰਹਾਂ ॥੨॥
29912	691	ਆਪਿ ਲੀਏ ਲੜਿ ਲਾਇ ਕਿਰਪਾ ਧਾਰੀਆ ਜੀਉ॥		Aap Leeeae Larr Laae Kirapaa Dhhaareeaa Jeeo ||	He Himself has attached me to the hem of His robe; He has showered me with His Mercy.	ਜਿਨ੍ਹਾਂ ਉੱਤੇ ਤੂੰ ਮੇਹਰ (ਦੀ ਨਿਗਾਹ) ਕਰਦਾ ਹੈਂ, ਤੂੰ ਉਹਨਾਂ ਨੂੰ ਆਪਣੇ ਲੜ ਲਾ ਲੈਂਦਾ ਹੈਂ।
29913	691	ਮੋਹਿ ਨਿਰਗੁਣੁ ਨੀਚੁ ਅਨਾਥੁ ਪ੍ਰਭ ਅਗਮ ਅਪਾਰੀਆ ਜੀਉ॥		Mohi Niragun Neech Anaathh Prabh Agam Apaareeaa Jeeo ||	I am worthless, lowly and helpless; God is unfathomable and infinite.	ਹੇ ਅਪਹੁੰਚ ਤੇ ਬੇਅੰਤ ਪ੍ਰਭੂ! ਮੈਂ ਗੁਣ-ਹੀਨ ਨੀਚ ਅਤੇ ਅਨਾਥ (ਭੀ ਤੇਰੀ ਸਰਨ ਆਇਆ ਹਾਂ, ਮੇਰੇ ਉਤੇ ਭੀ ਮੇਹਰ ਕਰ)।
29914	691	ਦਇਆਲ ਸਦਾ ਕ੍ਰਿਪਾਲ ਸੁਆਮੀ ਨੀਚ ਥਾਪਣਹਾਰਿਆ॥		Dhaeiaal Sadhaa Kirapaal Suaamee Neech Thhaapanehaariaa ||	My Lord and Master is always merciful, kind and compassionate; He uplifts and establishes the lowly.	ਹੇ ਦਇਆ ਦੇ ਘਰ! ਹੇ ਕਿਰਪਾ ਦੇ ਘਰ ਮਾਲਕ! ਹੇ ਨੀਵਿਆਂ ਨੂੰ ਉੱਚੇ ਬਣਾਣ ਵਾਲੇ ਪ੍ਰਭੂ!
29915	691	ਜੀਅ ਜੰਤ ਸਭਿ ਵਸਿ ਤੇਰੈ ਸਗਲ ਤੇਰੀ ਸਾਰਿਆ॥	(ਸਾਰਿਆ) ਸੰਭਾਲ ਚ। ਵੱਸਿ	Jeea Janth Sabh Vas Thaerai Sagal Thaeree Saariaa ||	All beings and creatures are under Your power; You take care of all.	ਸਾਰੇ ਜੀਵ ਤੇਰੇ ਵੱਸ ਵਿਚ ਹਨ, ਸਾਰੇ ਤੇਰੀ ਸੰਭਾਲ ਵਿਚ ਹਨ।

29916	691	ਆਪਿ ਕਰਤਾ ਆਪਿ ਭੁਗਤਾ ਆਪਿ ਸਗਲ ਬੀਚਾਰੀਆ॥		Aap Karathaa Aap Bhugathaa Aap Sagal Beechaareeaa ||	He Himself is the Creator, and He Himself is the Enjoyer; He Himself is the Contemplator of all.	ਤੂੰ ਆਪ (ਸਭ ਜੀਵਾਂ ਨੂੰ) ਪੈਦਾ ਕਰਨ ਵਾਲਾ ਹੈਂ, (ਸਭ ਵਿਚ ਵਿਆਪਕ ਹੋ ਕੇ) ਤੂੰ ਆਪ (ਸਾਰੇ ਪਦਾਰਥ) ਭੋਗਣ ਵਾਲਾ ਹੈਂ, ਤੂੰ ਆਪ ਸਾਰੇ ਜੀਵਾਂ ਵਾਸਤੇ ਵਿਚਾਰਾਂ ਕਰਨ ਵਾਲਾ ਹੈਂ।
29917	691	ਬਿਨਵੰਤ ਨਾਨਕ ਗੁਣ ਗਾਇ ਜੀਵਾ ਹਰਿ ਜਪੁ ਜਪਉ ਬਨਵਾਰੀਆ॥੩॥	ਬਿਨ-ਵੰਤ	Binavanth Naanak Gun Gaae Jeevaa Har Jap Japo Banavaareeaa ||3||	Prays Nanak, singing Your Glorious Praises, I live, chanting the Chant of the Lord, the Lord of the world-forest. ||3||	ਨਾਨਕ (ਤੇਰੇ ਦਰ ਤੇ) ਬੇਨਤੀ ਕਰਦਾ ਹੈ-ਹੇ ਪ੍ਰਭੂ! (ਮੇਹਰ ਕਰ) ਮੈਂ ਤੇਰੇ ਗੁਣ ਗਾ ਕੇ ਆਤਮਕ ਜੀਵਨ ਪ੍ਰਾਪਤ ਕਰਦਾ ਰਹਾਂ, ਮੈਂ ਸਦਾ ਤੇਰੇ ਨਾਮ ਦਾ ਜਾਪ ਜਪਦਾ ਰਹਾਂ ॥੩॥
29918	691	ਤੇਰਾ ਦਰਸੁ ਅਪਾਰੁ ਨਾਮੁ ਅਮੋਲਈ ਜੀਉ॥	ਅ-ਮੋਲਈ	Thaeraa Dharas Apaar Naam Amolee Jeeo ||	The Blessed Vision of Your Darshan is incomparable; Your Name is utterly priceless.	ਹੇ ਪ੍ਰਭੂ! ਤੂੰ ਬੇਅੰਤ ਹੈਂ। ਤੇਰਾ ਨਾਮ ਕਿਸੇ (ਦੁਨੀਆਵੀ) ਕੀਮਤ ਤੋਂ ਨਹੀਂ ਮਿਲ ਸਕਦਾ।
29919	691	ਨਿਤਿ ਜਪਹਿ ਤੇਰੇ ਦਾਸ ਪੁਰਖ ਅਤੋਲਈ ਜੀਉ॥	ਅ-ਤੋਲਈ	Nith Japehi Thaerae Dhaas Purakh Atholee Jeeo ||	O my Incomputable Lord, Your humble servants ever meditate on You.	ਹੇ ਨਾਹ ਤੋਲੇ ਜਾ ਸਕਣ ਵਾਲੇ ਸਰਬ-ਵਿਆਪਕ ਪ੍ਰਭੂ! ਤੇਰੇ ਦਾਸ ਸਦਾ ਤੇਰਾ ਨਾਮ ਜਪਦੇ ਰਹਿੰਦੇ ਹਨ।

29920	691	ਸੰਤ ਰਸਨ ਵੂਠਾ ਆਪਿ ਤੂਠਾ ਹਰਿ ਰਸਹਿ ਸੇਈ ਮਾਤਿਆ॥		Santh Rasan Voothaa Aap Thoothaa Har Rasehi Saeee Maathiaa ||	You dwell on the tongues of the Saints, by Your own pleasure; they are intoxicated with Your sublime essence, O Lord.	ਹੇ ਪ੍ਰਭੂ! ਸੰਤਾਂ ਉੱਤੇ ਤੂੰ ਆਪ ਪ੍ਰਸੰਨ ਹੁੰਦਾ ਹੈਂ, ਤੇ ਉਹਨਾਂ ਦੀ ਜੀਭ ਉਤੇ ਆ ਵੱਸਦਾ ਹੈਂ, ਉਹ ਤੇਰੇ ਨਾਮ ਦੇ ਰਸ ਵਿਚ ਮਸਤ ਰਹਿੰਦੇ ਹਨ।
29921	691	ਗੁਰ ਚਰਨ ਲਾਗੇ ਮਹਾ ਭਾਗੇ ਸਦਾ ਅਨ ਦਿਨੁ ਜਾਗਿਆ॥		Gur Charan Laagae Mehaa Bhaagae Sadhaa Anadhin Jaagiaa ||	Those who are attached to Your feet are very blessed; night and day, they remain always awake and aware.	ਜੇਹੜੇ ਮਨੁੱਖ ਗੁਰੂ ਦੀ ਚਰਨੀਂ ਆ ਲੱਗਦੇ ਹਨ, ਉਹ ਵੱਡੇ ਭਾਗਾਂ ਵਾਲੇ ਹੋ ਜਾਂਦੇ ਹਨ, ਉਹ ਸਦਾ ਹਰ ਵੇਲੇ (ਸਿਮਰਨ ਦੀ ਬਰਕਤਿ ਨਾਲ ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੇ ਹਨ।
29922	691	ਸਦ ਸਦਾ ਸਿੰਮ੍ਰਤਬ੍ਰ ਸੁਆਮੀ ਸਾਸਿ ਸਾਸਿ ਗੁਣ ਬੋਲਈ॥	(ਸਿੰਮ੍ਰਤਬ੍ਰ)ਸਿਮਰਨੇ ਯੋਗ ਅਵਿਨਾਸੀ। ਸਿੰਮ੍ਰਤਬ੍ਰ: ਸਿੰਮ੍ਰਤੱਬਿਅ	Sadh Sadhaa Sinmrathaby Suaamee Saas Saas Gun Bolee ||	Forever and ever, meditate in remembrance on the Lord and Master; with each and every breath, speak His Glorious Praises.	ਹੇ ਸਿਮਰਨ-ਜੋਗ ਮਾਲਕ! ਹੇ ਪ੍ਰਭੂ! ਜੇਹੜਾ (ਗੁਰੂ) ਸਦਾ ਹੀ ਹਰੇਕ ਸਾਹ ਦੇ ਨਾਲ ਤੇਰੇ ਗੁਣ ਉਚਾਰਦਾ ਰਹਿੰਦਾ ਹੈ,
29923	691	ਬਿਨਵੰਤਿ ਨਾਨਕ ਧੂਰਿ ਸਾਧੂ ਨਾਮੁ ਪ੍ਰਭੂ ਅਮੋਲਈ॥੪॥੧॥		Binavanth Naanak Dhhoor Saadhhoo Naam Prabhoo Amolee ||4||1||	Prays Nanak, let me become the dust of the feet of the Saints. God's Name is invaluable. ||4||1||	ਨਾਨਕ ਬੇਨਤੀ ਕਰਦਾ ਹੈ-ਮੈਨੂੰ ਉਸ ਗੁਰੂ ਦੀ ਚਰਨ-ਧੂੜ ਦੇਹ, ਜੇਹੜਾ ਤੇਰਾ ਅਮੋਲਕ ਨਾਮ (ਸਦਾ ਜਪਦਾ ਹੈ) ॥੪॥੧॥

29924	691	ਰਾਗੁ ਧਨਾਸਰੀ ਬਾਣੀ ਭਗਤ ਕਬੀਰ ਜੀ ਕੀ		Raag Dhhanaasaree Baanee Bhagath Kabeer Jee Kee	Raag Dhanaasaree, The Word Of Devotee Kabeer Jee:	ਰਾਗ ਧਨਾਸਰੀ ਵਿੱਚ ਭਗਤ ਕਬੀਰ ਜੀ ਦੀ ਬਾਣੀ।
29925	691	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
29926	691	ਸਨਕ ਸਨੰਦ ਮਹੇਸ ਸਮਾਨਾਂ॥	(ਸਮਾਨਾਂ) ਵਰਗਿਆਂ	Sanak Sanandh Mehaes Samaanaan ||	Beings like Sanak, Sanand, Shiva and Shaysh-naaga -	ਹੇ ਪ੍ਰਭੂ! (ਬ੍ਰਹਮਾ ਦੇ ਪੁੱਤਰਾਂ) ਸਨਕ, ਸਨੰਦ ਅਤੇ ਸ਼ਿਵ ਜੀ ਵਰਗਿਆਂ ਨੇ ਤੇਰਾ ਭੇਦ ਨਹੀਂ ਪਾਇਆ;
29927	691	ਸੇਖਨਾਗਿ ਤੇਰੋ ਮਰਮੁ ਨ ਜਾਨਾਂ॥੧॥	(ਮਰਮੁ) ਭੇਦ	Saekhanaag Thaero Maram N Jaanaan ||1||	None of them know Your mystery, Lord. ||1||	(ਵਿਸ਼ਨੂ ਦੇ ਭਗਤ) ਸ਼ੇਸ਼ਨਾਗ ਨੇ ਤੇਰੇ (ਦਿਲ ਦਾ) ਰਾਜ਼ ਨਹੀਂ ਸਮਝਿਆ ॥੧॥
29928	691	ਸੰਤਸੰਗਤਿ ਰਾਮੁ ਰਿਦੈ ਬਸਾਈ॥੧॥ਰਹਾਉ॥		Santhasangath Raam Ridhai Basaaee ||1|| Rehaao ||	In the Society of the Saints, the Lord dwells within the heart. ||1||Pause||	ਮੈਂ ਸੰਤਾਂ ਦੀ ਸੰਗਤਿ ਵਿਚ ਰਹਿ ਕੇ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਉਂਦਾ ਹਾਂ ॥੧॥ ਰਹਾਉ ॥
29929	691	ਹਨੂਮਾਨ ਸਰਿ ਗਰੁੜ ਸਮਾਨਾਂ॥	(ਸਰਿ) ਵਰਗੇ। (ਗਰੁੜ) ਵਿਸ਼ਨੂੰ ਦੀ ਸਵਾਰੀ ਪੰਛੀ	Hanoomaan Sar Garurr Samaanaan ||	Beings like Hanumaan, Garura, Indra the King of the gods and the rulers of humans -	(ਸ੍ਰੀ ਰਾਮ ਚੰਦਰ ਜੀ ਦੇ ਸੇਵਕ) ਹਨੂਮਾਨ ਵਰਗੇ ਨੇ, (ਵਿਸ਼ਨੂ ਦੇ ਸੇਵਕ ਤੇ ਪੰਛੀਆਂ ਦੇ ਰਾਜੇ) ਗਰੁੜ ਵਰਗਿਆਂ ਨੇ,

29930	691	ਸੁਰਪਤਿ ਨਰਪਤਿ ਨਹੀ ਗੁਨ ਜਾਨਾਂ॥੨॥	(ਸੁਰਪਤਿ) ਇੰਦ੍ਰ। (ਨਰਪਤਿ) ਰਾਜਾ	Surapath Narapath Nehee Gun Jaanaan ||2||	None of them know Your Glories, Lord. ||2||	ਦੇਵਤਿਆਂ ਦੇ ਰਾਜੇ ਇੰਦਰ ਨੇ, ਵੱਡੇ ਵੱਡੇ ਰਾਜਿਆਂ ਨੇ ਭੀ ਤੇਰੇ ਗੁਣਾਂ ਦਾ ਅੰਤ ਨਹੀਂ ਪਾਇਆ ॥੨॥
29931	691	ਚਾਰਿ ਬੇਦ ਅਰੁ ਸਿੰਮ੍ਰਿਤਿ ਪੁਰਾਨਾਂ॥	ਸਿੰਮ-ਿ੍ਰਤਿ	Chaar Baedh Ar Sinmrith Puraanaan ||	The four Vedas, the Simritees and the Puraanas, Vishnu the Lord of Lakshmi	ਚਾਰ ਵੇਦ, (ਅਠਾਰਾਂ) ਸਿਮ੍ਰਿਤੀਆਂ, (ਅਠਾਰਾਂ) ਪੁਰਾਣ-(ਇਹਨਾਂ ਦੇ ਕਰਤਾ ਬ੍ਰਹਮਾ, ਮਨੂ ਤੇ ਹੋਰ ਰਿਸ਼ੀਆਂ) ਨੇ ਤੈਨੂੰ ਨਹੀਂ ਸਮਝਿਆ;
29932	691	ਕਮਲਾਪਤਿ ਕਵਲਾ ਨਹੀ ਜਾਨਾਂ॥੩॥	(ਕਮਲਾਪਤਿ) ਵਿਸ਼ਨੂੰ	Kamalaapath Kavalaa Nehee Jaanaan ||3||	And Lakshmi herself - none of them know the Lord. ||3||	ਵਿਸ਼ਨੂ ਤੇ ਲੱਛਮੀ ਨੇ ਭੀ ਤੇਰਾ ਅੰਤ ਨਹੀਂ ਪਾਇਆ ॥੩॥
29933	691	ਕਹਿ ਕਬੀਰ ਸੋ ਭਰਮੈ ਨਾਹੀ॥		Kehi Kabeer So Bharamai Naahee ||	Says Kabeer, one who falls at the Lord's feet,	ਕਬੀਰ ਆਖਦਾ ਹੈ-(ਬਾਕੀ ਸਾਰੀ ਸ੍ਰਿਸ਼ਟੀ ਦੇ ਲੋਕ ਪ੍ਰਭੂ ਨੂੰ ਛੱਡ ਕੇ ਹੋਰ ਹੋਰ ਪਾਸੇ ਭਟਕਦੇ ਰਹੇ) ਇੱਕ ਉਹ ਮਨੁੱਖ ਭਟਕਦਾ ਨਹੀਂ,
29934	691	ਪਗ ਲਗਿ ਰਾਮ ਰਹੈਸਰਨਾਂਹੀ॥੪॥੧॥	ਪਗ:ਪੋਲਾ ਬੋਲੋ	Pag Lag Raam Rehai Saranaanhee ||4||1||	And remains in His Sanctuary, does not wander around lost. ||4||1||	ਜੋ (ਸੰਤਾਂ ਦੀ) ਚਰਨੀਂ ਲੱਗ ਕੇ ਪਰਮਾਤਮਾ ਦੀ ਸ਼ਰਨ ਵਿਚ ਟਿਕਿਆ ਰਹਿੰਦਾ ਹੈ ॥੪॥੧॥

29935	692	ਦਿਨ ਤੇ ਪਹਰ ਪਹਰ ਤੇ ਘਰੀਆਂ ਆਵ ਘਟੈ ਤਨੁ ਛੀਜੈ॥	(ਆਵ) ਉਮਰ। (ਛੀਜੈ) ਕਮਜ਼ੋਰ	Dhin Thae Pehar Pehar Thae Ghareeaaan Aav Ghattai Than Shheejai ||	Day by day, hour by hour, life runs its course, and the body withers away.	ਦਿਨਾਂ ਤੋਂ ਪਹਿਰ ਤੇ ਪਹਿਰਾਂ ਤੋਂ ਘੜੀਆਂ (ਗਿਣ ਲਉ, ਇਸੇ ਤਰ੍ਹਾਂ ਥੋੜਾ ਥੋੜਾ ਸਮਾ ਕਰ ਕੇ) ਉਮਰ ਘਟਦੀ ਜਾਂਦੀ ਹੈ, ਤੇ ਸਰੀਰ ਕਮਜ਼ੋਰ ਹੁੰਦਾ ਜਾਂਦਾ ਹੈ,
29936	692	ਕਾਲੁ ਅਹੇਰੀ ਫਿਰੈ ਬਧਿਕ ਜਿਉ ਕਹਹੁ ਕਵਨ ਬਿਧਿ ਕੀਜੈ॥੧॥	(ਅਹੇਰੀ) ਸ਼ਿਕਾਰੀ। (ਬੱਧਿਕ) ਫੰਧਕ। ਕਹ-ਹੁ	Kaal Ahaeree Firai Badhhik Jio Kehahu Kavan Bidhh Keejai ||1||	Death, like a hunter, a butcher, is on the prowl; tell me, what can we do? ||1||	(ਸਭ ਜੀਵਾਂ ਦੇ ਸਿਰ ਉੱਤੇ) ਕਾਲ-ਰੂਪ ਸ਼ਿਕਾਰੀ ਇਉਂ ਫਿਰਦਾ ਹੈ ਜਿਵੇਂ (ਹਿਰਨ ਆਦਿਕਾਂ ਦਾ ਸ਼ਿਕਾਰ ਕਰਨ ਵਾਲੇ) ਸ਼ਿਕਾਰੀ। ਦੱਸੋ, (ਇਸ ਸ਼ਿਕਾਰੀ ਤੋਂ ਬਚਣ ਲਈ ਕਿਹੜਾ ਜਤਨ ਕੀਤਾ ਜਾ ਸਕਦਾ ਹੈ? ॥੧॥
29937	692	ਸੋ ਦਿਨੁ ਆਵਨ ਲਾਗਾ॥		So Dhin Aavan Laagaa ||	That day is rapidly approaching.	(ਹਰ ਇਕ ਜੀਵ ਦੇ ਸਿਰ ਉੱਤੇ) ਉਹ ਦਿਨ ਆਉਂਦਾ ਜਾਂਦਾ ਹੈ (ਜਦੋਂ ਕਾਲ-ਸ਼ਿਕਾਰੀ ਆ ਪਕੜਦਾ ਹੈ);
29938	692	ਮਾਤ ਪਿਤਾ ਭਾਈ ਸੁਤ ਬਨਿਤਾ ਕਹਹੁ ਕੋਊ ਹੈ ਕਾ ਕਾ॥੧॥ਰਹਾਉ॥		Maath Pithaa Bhaaee Suth Banithaa Kehahu Kooo Hai Kaa Kaa ||1|| Rehaao ||	Mother, father, siblings, children and spouse - tell me, who belongs to whom? ||1||Pause||	ਮਾਂ, ਪਿਉ, ਭਰਾ, ਪੁੱਤਰ, ਵਹੁਟੀ- ਇਹਨਾਂ ਵਿਚੋਂ ਕੋਈ (ਉਸ ਕਾਲ ਦੇ ਅੱਗੇ) ਕਿਸੇ ਦੀ ਸਹਾਇਤਾ ਨਹੀਂ ਕਰ ਸਕਦਾ ॥੧॥ ਰਹਾਉ ॥

29939	692	ਜਬ ਲਗੁ ਜੋਤਿ ਕਾਇਆ ਮਹਿ ਬਰਤੈ ਆਪਾ ਪਸੂ ਨ ਬੂਝੈ॥		Jab Lag Joth Kaaeiaa Mehi Barathai Aapaa Pasoo N Boojhai ||	As long as the light remains in the body, the beast does not understand himself.	ਜਦ ਤਕ ਸਰੀਰ ਵਿਚ ਆਤਮਾ ਮੌਜੂਦ ਰਹਿੰਦਾ ਹੈ, ਪਸ਼ੂ-(ਮਨੁੱਖ) ਆਪਣੇ ਅਸਲੇ ਨੂੰ ਸਮਝਦਾ ਨਹੀਂ,
29940	692	ਲਾਲਚ ਕਰੈ ਜੀਵਨਪਦ ਕਾਰਨ ਲੋਚਨ ਕਛੂ ਨ ਸੂਝੈ॥੨॥		Laalach Karai Jeevan Padh Kaaran Lochan Kashhoo N Soojhai ||2||	He acts in greed to maintain his life and status, and sees nothing with his eyes. ||2||	ਹੋਰ ਹੋਰ ਜੀਊਣ ਲਈ ਲਾਲਚ ਕਰਦਾ ਹੈ, ਇਸ ਨੂੰ ਅੱਖੀਂ (ਇਹ) ਨਹੀਂ ਦਿੱਸਦਾ (ਕਿ ਕਾਲ-ਅਹੇਰੀ ਤੋਂ ਛੁਟਕਾਰਾ ਨਹੀਂ ਹੋ ਸਕੇਗਾ) ॥੨॥
29941	692	ਕਹਤ ਕਬੀਰ ਸੁਨਹੁ ਰੇ ਪ੍ਰਾਨੀ ਛੋਡਹੁ ਮਨ ਕੇ ਭਰਮਾ॥		Kehath Kabeer Sunahu Rae Praanee Shhoddahu Man Kae Bharamaa ||	Says Kabeer, listen, O mortal: Renounce the doubts of your mind.	ਕਬੀਰ ਆਖਦਾ ਹੈ-ਹੇ ਭਾਈ! ਸੁਣੋ, ਮਨ ਦੇ (ਇਹ) ਭੁਲੇਖੇ ਦੂਰ ਕਰ ਦਿਉ (ਕਿ ਸਦਾ ਇੱਥੇ ਬਹਿ ਰਹਿਣਾ ਹੈ)।
29942	692	ਕੇਵਲ ਨਾਮੁ ਜਪਹੁ ਰੇ ਪ੍ਰਾਨੀ ਪਰਹੁ ਏਕ ਕੀ ਸਰਨਾਂ॥੩॥੨॥	ਪਰ-ਹੁ	Kaeval Naam Japahu Rae Praanee Parahu Eaek Kee Saranaan ||3||2||	Chant only the One Naam, the Name of the Lord, O mortal, and seek the Sanctuary of the One Lord. ||3||2||	ਹੇ ਜੀਵ? (ਹੋਰ ਲਾਲਸਾ ਛੱਡ ਕੇ) ਸਿਰਫ਼ ਪ੍ਰਭੂ ਨਾਮ ਸਿਮਰੋ, ਤੇ ਉਸ ਇੱਕ ਦੀ ਸ਼ਰਨ ਆਓ ॥੩॥੨॥

29943	692	ਜੋ ਜਨੁ ਭਾਉ ਭਗਤਿ ਕਛੁ ਜਾਨੈ ਤਾ ਕਉ ਅਚਰਜੁ ਕਾਹੋ॥	(ਕਾਹੋ) ਕਹੋ। ਅ-ਚਰਜੁ	Jo Jan Bhaao Bhagath Kashh Jaanai Thaa Ko Acharaj Kaaho ||	That humble being, who knows even a little about loving devotional worship - what surprises are there for him?	ਇਸ ਵਿਚ ਕੋਈ ਅਨੋਖੀ ਗੱਲ ਨਹੀਂ ਹੈ, ਜੋ ਭੀ ਮਨੁੱਖ ਪ੍ਰਭੂ-ਪ੍ਰੇਮ ਤੇ ਪ੍ਰਭੂ-ਭਗਤੀ ਨਾਲ ਸਾਂਝ ਬਣਾਉਂਦਾ ਹੈ (ਉਸ ਦਾ ਪ੍ਰਭੂ ਨਾਲ ਇੱਕ-ਮਿੱਕ ਹੋ ਜਾਣਾ ਕੋਈ ਵੱਡੀ ਗੱਲ ਨਹੀਂ ਹੈ।
29944	692	ਜਿਉ ਜਲੁ ਜਲ ਮਹਿ ਪੈਸਿ ਨ ਨਿਕਸੈ ਤਿਉ ਢੁਰਿ ਮਿਲਿਓ ਜੁਲਾਹੋ॥੧॥		Jio Jal Jal Mehi Pais N Nikasai Thio Dtur Miliou Julaaho ||1||	Like water, dripping into water, which cannot be separated out again, so is the weaver Kabeer, with softened heart, merged into the Lord. ||1||	ਜਿਵੇਂ ਪਾਣੀ ਪਾਣੀ ਵਿਚ ਮਿਲ ਕੇ (ਮੁੜ) ਵੱਖਰਾ ਨਹੀਂ ਹੋ ਸਕਦਾ, ਤਿਵੇਂ (ਕਬੀਰ) ਜੁਲਾਹ (ਭੀ) ਆਪਾ-ਭਾਵ ਮਿਟਾ ਕੇ ਪਰਮਾਤਮਾ ਵਿਚ ਮਿਲ ਗਿਆ ਹੈ ॥੧॥
29945	692	ਹਰਿ ਕੇ ਲੋਗਾ ਮੈ ਤਉ ਮਤਿ ਕਾ ਭੋਰਾ॥	(ਭੋਰਾ) ਭੋਲਾ।ਭੁਲੇਖਾ	Har Kae Logaa Mai Tho Math Kaa Bhoraa ||	O people of the Lord, I am just a simple-minded fool.	ਹੇ ਸੰਤ ਜਨੋ! (ਲੋਕਾਂ ਦੇ ਭਾਣੇ) ਮੈਂ ਮੱਤ ਦਾ ਕਮਲਾ ਹੀ ਸਹੀ (ਭਾਵ, ਲੋਕ ਮੈਨੂੰ ਪਏ ਮੂਰਖ ਆਖਣ ਕਿ ਮੈਂ ਕਾਂਸ਼ੀ ਛੱਡ ਕੇ ਮਗਹਰ ਆ ਗਿਆ ਹਾਂ)।

29946	692	ਜਉ ਤਨੁ ਕਾਸੀ ਤਜਹਿ ਕਬੀਰਾ ਰਮਈਐ ਕਹਾ ਨਿਹੋਰਾ॥੧॥ਰਹਾਉ॥	(ਨਿਹੋਰਾ) ਅਹਿਸਾਨ	Jo Than Kaasee Thajehi Kabeeraa Rameeai Kehaa Nihoraa ||1|| Rehaao ||	If Kabeer were to leave his body at Benares, and so liberate himself, what obligation would he have to the Lord? ||1||Pause||	(ਪਰ,) ਹੇ ਕਬੀਰ! ਜੇ ਤੂੰ ਕਾਂਸ਼ੀ ਵਿਚ (ਰਹਿੰਦਾ ਹੋਇਆ) ਸਰੀਰ ਛੱਡੇਂ (ਤੇ ਮੁਕਤੀ ਮਿਲ ਜਾਏ) ਤਾਂ ਪਰਮਾਤਮਾ ਦਾ ਇਸ ਵਿਚ ਕੀਹ ਉਪਕਾਰ ਸਮਝਿਆ ਜਾਇਗਾ? ਕਿਉਂਕਿ ਕਾਂਸ਼ੀ ਵਿਚ ਤਾਂ ਉਂਞ ਹੀ ਇਹਨਾਂ ਲੋਕਾਂ ਦੇ ਖ਼ਿਆਲ ਅਨੁਸਾਰ ਮਰਨ ਲੱਗਿਆਂ ਮੁਕਤੀ ਮਿਲ ਜਾਂਦੀ ਹੈ, ਤਾਂ ਫਿਰ ਸਿਮਰਨ ਦਾ ਕੀਹ ਲਾਭ? ॥੧॥ ਰਹਾਉ ॥
29947	692	ਕਹਤੁ ਕਬੀਰੁ ਸੁਨਹੁ ਰੇ ਲੋਈ ਭਰਮਿ ਨ ਭੂਲਹੁ ਕੋਈ॥		Kehath Kabeer Sunahu Rae Loee Bharam N Bhoolahu Koee ||	Says Kabeer, listen, O people - do not be deluded by doubt.	(ਪਰ) ਕਬੀਰ ਆਖਦਾ ਹੈ-ਹੇ ਲੋਕੋ! ਸੁਣੋ, ਕੋਈ ਮਨੁੱਖ ਕਿਸੇ ਭੁਲੇਖੇ ਵਿਚ ਨਾਹ ਪੈ ਜਾਏ (ਕਿ ਕਾਂਸ਼ੀ ਵਿਚ ਮੁਕਤੀ ਮਿਲਦੀ ਹੈ, ਤੇ ਮਗਹਰ ਵਿਚ ਨਹੀਂ ਮਿਲਦੀ),
29948	692	ਕਿਆ ਕਾਸੀ ਕਿਆ ਊਖਰੁ ਮਗਹਰੁ ਰਾਮੁ ਰਿਦੈ ਜਉ ਹੋਈ॥੨॥੩॥	(ਊਖਰੁ) ਕੱਲਰ ਧਰਤੀ ਵਾਲਾ (ਮਗਹਰੁ) ਯੂ.ਪੀ ਚ ਇੱਕ ਨੱਗਰ	Kiaa Kaasee Kiaa Ookhar Magehar Raam Ridhai Jo Hoee ||2||3||	What is the difference between Benares and the barren land of Maghar, if the Lord is within one's heart? ||2||3||	ਜੇ ਪਰਮਾਤਮਾ (ਦਾ ਨਾਮ) ਹਿਰਦੇ ਵਿਚ ਹੋਵੇ, ਤਾਂ ਕਾਂਸ਼ੀ ਕੀਹ ਤੇ ਕਲਰਾਠਾ ਮਗਹਰ ਕੀਹ (ਦੋਹੀਂ ਥਾਈਂ ਪ੍ਰਭੂ ਵਿਚ ਲੀਨ ਹੋ ਸਕੀਦਾ ਹੈ) ॥੨॥੩॥

29949	692	ਇੰਦ੍ਰ ਲੋਕ ਸਿਵ ਲੋਕਹਿ ਜੈਬੋ॥		Eindhr Lok Siv Lokehi Jaibo ||	Mortals may go to the Realm of Indra, or the Realm of Shiva,	ਜੇ ਮਨੁੱਖ ਤਪ ਆਦਿਕ ਹੌਲੇ ਮੇਲ ਦੇ ਕੰਮ ਕਰ ਕੇ ਇੰਦਰ-ਪੁਰੀ ਜਾਂ ਸ਼ਿਵ-ਪੁਰੀ ਵਿਚ ਭੀ ਅੱਪੜ ਜਾਇਗਾ,
29950	692	ਓਛੇ ਤਪ ਕਰਿ ਬਾਹੁਰਿ ਐਬੋ॥੧॥	(ਓਛੇ) ਛੋਟੇ	Oushhae Thap Kar Baahur Aibo ||1||	But because of their hypocrisy and false prayers, they must leave again. ||1||	ਤਾਂ ਭੀ ਉੱਥੋਂ ਮੁੜ ਵਾਪਸ ਆਵੇਗਾ (ਭਾਵ, ਸ਼ਾਸਤ੍ਰ ਦੇ ਆਪਣੇ ਹੀ ਲਿਖੇ ਅਨੁਸਾਰ ਇਹਨੀਂ ਥਾਈਂ ਭੀ ਸਦਾ ਨਹੀਂ ਟਿਕੇ ਰਹਿ ਸਕੀਦਾ) ॥੧॥
29951	692	ਕਿਆ ਮਾਂਗਉ ਕਿਛੁ ਥਿਰੁ ਨਾਹੀ॥		Kiaa Maango Kishh Thhir Naahee ||	What should I ask for? Nothing lasts forever.	(ਮੈਂ ਆਪਣੇ ਪ੍ਰਭੂ ਪਾਸੋਂ 'ਨਾਮ' ਤੋਂ ਬਿਨਾ ਹੋਰ) ਕੀਹ ਮੰਗਾਂ? ਕੋਈ ਚੀਜ਼ ਸਦਾ ਕਾਇਮ ਰਹਿਣ ਵਾਲੀ ਨਹੀਂ (ਦਿੱਸਦੀ)।
29952	692	ਰਾਮ ਨਾਮ ਰਖੁ ਮਨ ਮਾਹੀ॥੧॥ਰਹਾਉ॥		Raam Naam Rakh Man Maahee ||1|| Rehaao ||	Enshrine the Lord's Name within your mind. ||1||Pause||	(ਤਾਂਤੇ ਹੇ ਭਾਈ!)ਪਰਮਾਤਮਾ ਦੇ ਨਾਮ ਨੂੰ ਹੀ ਹਿਰਦੇ ਵਿੱਚ ਧਾਰਨ ਕਰ ॥੧॥ ਰਹਾਉ ॥
29953	692	ਸੋਭਾ ਰਾਜ ਬਿਭੈ ਬਡਿਆਈ॥	(ਪੋਲਾਬਿਭੈ) ਮਾਇਆ ਬਿਭੂਤੀ	Sobhaa Raaj Bibhai Baddiaaee ||	Fame and glory, power, wealth and glorious greatness	ਜਗਤ ਵਿਚ ਨਾਮਣਾ, ਰਾਜ, ਐਸ਼੍ਵਰਜ, ਵਡਿਆਈ-
29954	692	ਅੰਤਿ ਨ ਕਾਹੂ ਸੰਗ ਸਹਾਈ॥੨॥		Anth N Kaahoo Sang Sehaaee ||2||	- none of these will go with you or help you in the end. ||2||	ਇਹਨਾਂ ਵਿਚੋਂ ਭੀ ਕੋਈ ਅੰਤ ਵੇਲੇ ਸੰਗੀ-ਸਾਥੀ ਨਹੀਂ ਬਣ ਸਕਦਾ ॥੨॥
29955	692	ਪੁਤ੍ਰ ਕਲਤ੍ਰ ਲਛਮੀ ਮਾਇਆ॥	ਕ-ਲੱਤ੍ਰ	Puthr Kalathr Lashhamee Maaeiaa ||	Children, spouse, wealth and Maya	ਪੁੱਤਰ ਵਹੁਟੀ, ਧਨ ਪਦਾਰਥ-

29956	692	ਇਨ ਤੇ ਕਹੁ ਕਵਨੈ ਸੁਖੁ ਪਾਇਆ॥੩॥		Ein Thae Kahu Kavanai Sukh Paaeiaa ||3||	- who has ever obtained peace from these? ||3||	ਦੱਸ, (ਹੇ ਭਾਈ!) ਇਹਨਾਂ ਤੋਂ ਭੀ ਕਿਸੇ ਨੇ ਕਦੇ ਸੁਖ ਲੱਭਾ ਹੈ? ॥੩॥
29957	692	ਕਹਤ ਕਬੀਰ ਅਵਰ ਨਹੀ ਕਾਮਾ॥		Kehath Kabeer Avar Nehee Kaamaa ||	Says Kabeer, nothing else is of any use.	ਕਬੀਰ ਆਖਦਾ ਹੈ-(ਪ੍ਰਭੂ ਦੇ ਨਾਮ ਤੋਂ ਖੁੰਝ ਕੇ) ਹੋਰ ਕੋਈ ਕੰਮ ਕਿਸੇ ਅਰਥ ਨਹੀਂ।
29958	692	ਹਮਰੈ ਮਨ ਧਨ ਰਾਮ ਕੋ ਨਾਮਾ॥੪॥੪॥		Hamarai Man Dhhan Raam Ko Naamaa ||4||4||	Within my mind is the wealth of the Lord's Name. ||4||4||	ਮੇਰੇ ਮਨ ਨੂੰ ਤਾਂ ਪਰਮਾਤਮਾ ਦਾ ਨਾਮ ਹੀ (ਸਦਾ ਕਾਇਮ ਰਹਿਣ ਵਾਲਾ) ਧਨ ਪ੍ਰਤੀਤ ਹੁੰਦਾ ਹੈ ॥੪॥੪॥
29959	692	ਰਾਮ ਸਿਮਰਿ ਰਾਮ ਸਿਮਰਿ ਰਾਮ ਸਿਮਰਿ ਭਾਈ॥		Raam Simar Raam Simar Raam Simar Bhaaee ||	Remember the Lord, remember the Lord, remember the Lord in meditation, O Siblings of Destiny.	ਹੇ ਭਾਈ! ਪ੍ਰਭੂ ਦਾ ਸਿਮਰਨ ਕਰ, ਪ੍ਰਭੂ ਦਾ ਸਿਮਰਨ ਕਰ। ਸਦਾ ਰਾਮ ਦਾ ਸਿਮਰਨ ਕਰ।
29960	692	ਰਾਮ ਨਾਮ ਸਿਮਰਨ ਬਿਨੁ ਬੂਡਤੇ ਅਧਿਕਾਈ॥੧॥ਰਹਾਉ॥	(ਅਧਿਕਾਈ) ਬਹੁਤ	Raam Naam Simaran Bin Booddathae Adhhikaaee ||1|| Rehaao ||	Without remembering the Lord's Name in meditation, a great many are drowned. ||1||Pause||	ਪ੍ਰਭੂ ਦਾ ਸਿਮਰਨ ਕਰਨ ਤੋਂ ਬਿਨਾ ਬਹੁਤ ਜੀਵ (ਵਿਕਾਰਾਂ ਵਿਚ) ਡੁੱਬਦੇ ਹਨ ॥੧॥ ਰਹਾਉ ॥

29961	692	ਬਨਿਤਾ ਸੁਤ ਦੇਹ ਗ੍ਰੇਹ ਸੰਪਤਿ ਸੁਖਦਾਈ॥	ਬਨਿ-ਤਾ	Banithaa Suth Dhaeh Graeh Sanpath Sukhadhaaee ||	Your spouse, children, body, house and possessions - you think these will give you peace.	ਵਹੁਟੀ, ਪੁੱਤਰ, ਸਰੀਰ, ਘਰ, ਦੌਲਤ-ਇਹ ਸਾਰੇ ਸੁਖ ਦੇਣ ਵਾਲੇ ਜਾਪਦੇ ਹਨ,
29962	692	ਇਨ੍ ਮੈ ਕਛੁ ਨਾਹਿ ਤੇਰੋ ਕਾਲ ਅਵਧ ਆਈ॥੧॥	(ਕਾਲ) ਮਰਨ ਦਾ (ਅਵਧ) ਸਮਾਂ। ਅਵਧ:ਪੋਲਾ ਬੋਲੋ	Einh Mai Kashh Naahi Thaero Kaal Avadhh Aaee ||1||	But none of these shall be yours, when the time of death comes. ||1||	ਪਰ ਜਦੋਂ ਮੌਤ-ਰੂਪ ਤੇਰਾ ਅਖ਼ੀਰਲਾ ਸਮਾ ਆਇਆ, ਤਾਂ ਇਹਨਾਂ ਵਿਚੋਂ ਕੋਈ ਭੀ ਤੇਰਾ ਆਪਣਾ ਨਹੀਂ ਰਹਿ ਜਾਇਗਾ ॥੧॥
29963	692	ਅਜਾਮਲ ਗਜ ਗਨਿਕਾ ਪਤਿਤ ਕਰਮ ਕੀਨੇ॥	ਅਜਾ-ਮੱਲ (ਅਜਾ) ਵੇਸਵਾ ਨੂੰ ਮੱਲ ਲੈਣ ਵਾਲਾ	Ajaamal Gaj Ganikaa Pathith Karam Keenae ||	Ajaamal, the elephant, and the prostitute committed many sins,	ਅਜਾਮਲ, ਗਜ, ਗਨਿਕਾ-ਇਹ ਵਿਕਾਰ ਕਰਦੇ ਰਹੇ,
29964	692	ਤੇਊ ਉਤਰਿ ਪਾਰਿ ਪਰੇ ਰਾਮ ਨਾਮ ਲੀਨੇ॥੨॥		Thaeoo Outhar Paar Parae Raam Naam Leenae ||2||	But still, they crossed over the world-ocean, by chanting the Lord's Name. ||2||	ਪਰ ਜਦੋਂ ਪਰਮਾਤਮਾ ਦਾ ਨਾਮ ਇਹਨਾਂ ਨੇ ਸਿਮਰਿਆ, ਤਾਂ ਇਹ ਭੀ (ਇਹਨਾਂ ਵਿਕਾਰਾਂ ਵਿਚੋਂ) ਪਾਰ ਲੰਘ ਗਏ ॥੨॥
29965	692	ਸੂਕਰ ਕੂਕਰ ਜੋਨਿ ਭ੍ਰਮੇ ਤਊ ਲਾਜ ਨ ਆਈ॥		Sookar Kookar Jon Bhramae Thoo Laaj N Aaee ||	You have wandered in reincarnation, as pigs and dogs - did you feel no shame?	(ਹੇ ਸੱਜਣ!) ਤੂੰ ਸੂਰ, ਕੁੱਤੇ ਆਦਿਕ ਦੀਆਂ ਜੂਨੀਆਂ ਵਿਚ ਭਟਕਦਾ ਰਿਹਾ, ਫਿਰ ਭੀ ਤੈਨੂੰ (ਹੁਣ) ਸ਼ਰਮ ਨਹੀਂ ਆਈ (ਤੂੰ ਅਜੇ ਭੀ ਨਾਮ ਨਹੀਂ ਸਿਮਰਦਾ)।

29966	692	ਰਾਮ ਨਾਮ ਛਾਡਿ ਅੰਮ੍ਰਿਤ ਕਾਹੇ ਬਿਖੁ ਖਾਈ॥੩॥		Raam Naam Shhaadd Anmrith Kaahae Bikh Khaaee ||3||	Forsaking the Ambrosial Name of the Lord, why do you eat poison? ||3||	ਪਰਮਾਤਮਾ ਦਾ ਅੰਮ੍ਰਿਤ-ਨਾਮ ਵਿਸਾਰ ਕੇ ਕਿਉਂ (ਵਿਕਾਰਾਂ ਦਾ) ਜ਼ਹਿਰ ਖਾ ਰਿਹਾ ਹੈਂ? ॥੩॥
29967	692	ਤਜਿ ਭਰਮ ਕਰਮ ਬਿਧਿ ਨਿਖੇਧ ਰਾਮ ਨਾਮੁ ਲੇਹੀ॥	ਸਾਸ਼ਤ੍ਰਾਂ ਦੇ (ਬਿਧਿ) ਵਿਧੀ ਅਨੁਸਾਰ, (ਨਿਖੇਧ) ਮਨਾਹੀ ਵਾਲੇ	Thaj Bharam Karam Bidhh Nikhaedhh Raam Naam Laehee ||	Abandon your doubts about do's and dont's, and take to the Lord's Name.	(ਹੇ ਭਾਈ!) ਸ਼ਾਸਤ੍ਰਾਂ ਅਨੁਸਾਰ ਕੀਤੇ ਜਾਣ ਵਾਲੇ ਕਿਹੜੇ ਕੰਮ ਹਨ, ਤੇ ਸ਼ਾਸਤ੍ਰਾਂ ਵਿਚ ਕਿਨ੍ਹਾਂ ਕੰਮਾਂ ਬਾਰੇ ਮਨਾਹੀ ਹੈ-ਇਹ ਵਹਿਮ ਛੱਡ ਦੇਹ, ਤੇ ਪਰਮਾਤਮਾ ਦਾ ਨਾਮ ਸਿਮਰ।
29968	692	ਗੁਰ ਪ੍ਰਸਾਦਿ ਜਨ ਕਬੀਰ ਰਾਮੁ ਕਰਿ ਸਨੇਹੀ॥੪॥੫॥		Gur Prasaadh Jan Kabeer Raam Kar Sanaehee ||4||5||	By Guru's Grace, O servant Kabeer, love the Lord. ||4||5||	ਹੇ ਦਾਸ ਕਬੀਰ! ਤੂੰ ਆਪਣੇ ਗੁਰੂ ਦੀ ਕਿਰਪਾ ਨਾਲ ਆਪਣੇ ਪਰਮਾਤਮਾ ਨੂੰ ਹੀ ਆਪਣਾ ਪਿਆਰਾ (ਸਾਥੀ) ਬਣਾ ॥੪॥੫॥
29969	692	ਧਨਾਸਰੀ ਬਾਣੀ ਭਗਤ ਨਾਮਦੇਵ ਜੀ ਕੀ		Dhhanaasaree Baanee Bhagath Naamadhaev Jee Kee	Dhanaasaree, The Word Of Devotee Naam Dayv Jee:	ਰਾਗ ਧਨਾਸਰੀ ਵਿੱਚ ਭਗਤ ਨਾਮਦੇਵ ਜੀ ਦੀ ਬਾਣੀ।
29970	692	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

29971	692	ਗਹਰੀ ਕਰਿ ਕੈ ਨੀਵ ਖੁਦਾਈ ਊਪਰਿ ਮੰਡਪ ਛਾਏ॥	(ਮੰਡਪ) ਮਹਲ। ਗਹ-ਰੀ	Geharee Kar Kai Neev Khudhaaee Oopar Manddap Shhaaeae ||	They dig deep foundations, and build lofty palaces.	ਜਿਨ੍ਹਾਂ ਨੇ ਡੂੰਘੀਆਂ ਨੀਹਾਂ ਪੁਟਵਾ ਕੇ ਉੱਤੇ ਮਹਿਲ-ਮਾੜੀਆਂ ਉਸਰਾਏ (ਉਹਨਾਂ ਦੇ ਭੀ ਇੱਥੇ ਹੀ ਰਹਿ ਗਏ;
29972	692	ਮਾਰਕੰਡੇ ਤੇ ਕੋ ਅਧਿਕਾਈ ਜਿਨਿ ਤ੍ਰਿਣ ਧਰਿ ਮੂੰਡ ਬਲਾਏ॥੧॥	(ਅਧਿਕਾਈ) ਵੱਡੀ ਉਮਰ ਵਾਲਾ। ਸਮਾਂ (ਬਲਾਏ) ਗੁਜ਼ਾਰਿਆ	Maarakanddae Thae Ko Adhhikaaee Jin Thrin Dhhar Moondd Balaaeae ||1||	Can anyone live longer than Markanda, who passed his days with only a handful of straw upon his head? ||1||	ਤਾਹੀਏਂ ਸਿਆਣੇ ਬੰਦੇ ਇਹਨਾਂ ਮਹਿਲ-ਮਾੜੀਆਂ ਦਾ ਭੀ ਮਾਣ ਨਹੀਂ ਕਰਦੇ; ਵੇਖੋ) ਮਾਰਕੰਡੇ ਰਿਸ਼ੀ ਨਾਲੋਂ ਕਿਸ ਦੀ ਵੱਡੀ ਉਮਰ ਹੋਈ ਏ? ਉਸ ਨੇ ਕੱਖਾਂ ਦੀ ਕੁੱਲੀ ਵਿਚ ਹੀ ਝੱਟ ਲੰਘਾਇਆ ॥੧॥
29973	692	ਹਮਰੋ ਕਰਤਾ ਰਾਮੁ ਸਨੇਹੀ॥		Hamaro Karathaa Raam Sanaehee ||	The Creator Lord is our only friend.	ਅਸਾਡਾ ਅਸਲ ਪਿਆਰਾ (ਜਿਸ ਨੇ ਸਾਥ ਨਿਭਾਉਣਾ ਹੈ) ਤਾਂ ਕਰਤਾਰ ਹੈ, ਪਰਮਾਤਮਾ ਹੈ।
29974	692	ਕਾਹੇ ਰੇ ਨਰ ਗਰਬੁ ਕਰਤ ਹਹੁ ਬਿਨਸਿ ਜਾਇ ਝੂਠੀ ਦੇਹੀ॥੧॥ਰਹਾਉ॥		Kaahae Rae Nar Garab Karath Hahu Binas Jaae Jhoothee Dhaehee ||1|| Rehaao ||	O man, why are you so proud? This body is only temporary - it shall pass away. ||1||Pause||	ਹੇ ਬੰਦਿਓ! (ਆਪਣੇ ਸਰੀਰ ਦਾ) ਕਿਉਂ ਮਾਣ ਕਰਦੇ ਹੋ! ਇਹ ਸਰੀਰ ਨਾਸਵੰਤ ਹੈ, ਨਾਸ ਹੋ ਜਾਇਗਾ ॥੧॥ ਰਹਾਉ ॥

29975	693	ਮੇਰੀ ਮੇਰੀ ਕੈਰਉ ਕਰਤੇ ਦੁਰਜੋਧਨ ਸੇ ਭਾਈ॥		Maeree Maeree Kairo Karathae Dhurajodhhan Sae Bhaaee ||	The Kaurvas, who had brothers like Duryodhan, used to proclaim, ""This is ours! This is ours!""	ਜਿਨ੍ਹਾਂ ਕੌਰਵਾਂ ਦੇ ਦੁਰਜੋਧਨ ਵਰਗੇ (ਬਲੀ) ਭਰਾ ਸਨ, ਉਹ ਭੀ (ਇਹ ਮਾਣ ਕਰਦੇ ਰਹੇ ਕਿ) ਅਸਾਡੀ (ਪਾਤਸ਼ਾਹੀ) ਅਸਾਡੀ (ਪਾਤਸ਼ਾਹੀ), (ਪਾਂਡੋ ਕੀਹ ਲੱਗਦੇ ਹਨ ਇਸ ਧਰਤੀ ਦੇ?);
29976	693	ਬਾਰਹ ਜੋਜਨ ਛਤ੍ਰੁ ਚਲੈ ਥਾ ਦੇਹੀ ਗਿਰਝ ਨ ਖਾਈ॥੨॥	(ਜੋਜਨ) ਚਾਰ ਕੋਹ। ਚੱਲੈ	Baareh Jojan Shhathra Chalai Thhaa Dhaehee Girajhan Khaaee ||2||	Their royal procession extended over sixty miles, and yet their bodies were eaten by vultures. ||2||	(ਕੁਰਖੇਤਰ ਦੇ ਜੰਗ ਵੇਲੇ) ਅਠਤਾਲੀਆਂ ਕੋਹਾਂ ਵਿਚ ਉਹਨਾਂ ਦੀ ਸੈਨਾ ਦਾ ਖਿਲਾਰ ਸੀ (ਪਰ ਕਿੱਧਰ ਗਈ ਬਾਦਸ਼ਾਹੀ ਤੇ ਕਿੱਧਰ ਗਿਆ ਉਹ ਛਤਰ? ਕੁਰਖੇਤਰ ਦੇ ਜੰਗ ਵਿਚ) ਗਿਰਝਾਂ ਨੇ ਉਹਨਾਂ ਦੀਆਂ ਲੋਥਾਂ ਖਾਧੀਆਂ ॥੨॥
29977	693	ਸਰਬ ਸੁੋਇਨ ਕੀ ਲੰਕਾ ਹੋਤੀ ਰਾਵਨ ਸੇ ਅਧਿਕਾਈ॥	(ਅਧਿਕਾਈ) ਵੱਡੇ ਬਲੀ। ਸੁੋ ਔਂਕੜ ਤੇ ਹੋੜੇ ਵਿਚਾਲੇ ਬੋਲੋ	Sarab Suoein Kee Lankaa Hothee Raavan Sae Adhhikaaee ||	Sri Lanka was totally rich with gold; was anyone greater than its ruler Raavan?	ਰਾਵਣ ਵਰਗੇ ਵੱਡੇ ਬਲੀ ਰਾਜੇ ਦੀ ਲੰਕਾ ਸਾਰੀ ਦੀ ਸਾਰੀ ਸੋਨੇ ਦੀ ਸੀ,
29978	693	ਕਹਾ ਭਇਓ ਦਰਿ ਬਾਂਧੇ ਹਾਥੀ ਖਿਨ ਮਹਿ ਭਈ ਪਰਾਈ॥੩॥		Kehaa Bhaeiou Dhar Baandhhae Haathhee Khin Mehi Bhee Paraaee ||3||	What happened to the elephants, tethered at his gate? In an instant, it all belonged to someone else. ||3||	(ਉਸ ਦੇ ਮਹਿਲਾਂ ਦੇ) ਦਰਵਾਜ਼ੇ ਤੇ ਹਾਥੀ ਬੱਝੇ ਖਲੋਤੇ ਸਨ, ਪਰ ਆਖ਼ਰ ਕੀਹ ਬਣਿਆ? ਇਕ ਪਲ ਵਿਚ ਸਭ ਕੁਝ ਪਰਾਇਆ ਹੋ ਗਿਆ ॥੩॥

29979	693	ਦੁਰਬਾਸਾ ਸਿਉ ਕਰਤ ਠਗਉਰੀ ਜਾਦਵ ਏ ਫਲ ਪਾਏ॥		Dhurabaasaa Sio Karath Thagouree Jaadhav Eae Fal Paaeae ||	The Yaadvas deceived Durbaasaa, and received their rewards.	(ਸੋ, ਅਹੰਕਾਰ ਕਿਸੇ ਚੀਜ਼ ਦਾ ਭੀ ਹੋਵੇ ਉਹ ਮਾੜਾ ਹੈ; ਅਹੰਕਾਰ ਵਿਚ ਹੀ ਆ ਕੇ) ਜਾਦਵਾਂ ਨੇ ਦੁਰਬਾਸਾ ਨਾਲ ਮਸਖ਼ਰੀ ਕੀਤੀ ਤੇ ਇਹ ਫਲ ਪਾਇਓ ਨੇ (ਕਿ ਸਾਰੀ ਕੁਲ ਹੀ ਮੁੱਕ ਗਈ)।
29980	693	ਕ੍ਰਿਪਾ ਕਰੀ ਜਨ ਅਪੁਨੇ ਊਪਰ ਨਾਮਦੇਉ ਹਰਿ ਗੁਨ ਗਾਏ॥੪॥੧॥		Kirapaa Karee Jan Apunae Oopar Naamadhaeo Har Gun Gaaeae ||4||1||	The Lord has shown mercy to His humble servant, and now Naam Dayv sings the Glorious Praises of the Lord. ||4||1||	(ਪਰ ਸ਼ੁਕਰ ਹੈ) ਆਪਣੇ ਦਾਸ ਨਾਮਦੇਵ ਉੱਤੇ ਪਰਮਾਤਮਾ ਨੇ ਕਿਰਪਾ ਕੀਤੀ ਹੈ ਤੇ ਨਾਮਦੇਵ (ਮਾਣ ਤਿਆਗ ਕੇ) ਪਰਮਾਤਮਾ ਦੇ ਗੁਣ ਗਾਉਂਦਾ ਹੈ।੪।੧।ਭਾਵ: ਅਹੰਕਾਰ, ਚਾਹੇ ਕਿਸੇ ਚੀਜ਼ ਦਾ ਭੀ ਹੋਵੇ, ਮਾੜਾ ਹੈ ॥੪॥੧॥
29981	693	ਦਸ ਬੈਰਾਗਨਿ ਮੋਹਿ ਬਸਿ ਕੀਨੀ ਪੰਚਹੁ ਕਾ ਮਿਟ ਨਾਵਉ॥	ਚੰਚਲ ਦਸ (ਬੈਰਾਗਨਿ) ਇੰਦ੍ਰੀਆਂ। (ਪੰਚਹੁ) ਪੰਜ ਵਿਕਾਰਾਂ ਦਾ (ਨਾਵਉ)ਨਾਮ ਹੀ ਮਿਟਾ ਦਿੱਤਾ। ਮਿਟ:ਪੋਲਾ ਬੋਲੋ	Dhas Bairaagan Mohi Bas Keenhee Panchahu Kaa Mitt Naavo ||	I have brought the ten sensory organs under my control, and erased every trace of the five thieves.	(ਪ੍ਰਭੂ ਦੇ ਨਾਮ ਦਾ ਵੈਰਾਗੀ ਬਣ ਕੇ) ਮੈਂ ਆਪਣੀਆਂ ਦਸੇ ਵੈਰਾਗਣ ਇੰਦ੍ਰੀਆਂ ਨੂੰ ਆਪਣੇ ਵੱਸ ਵਿਚ ਕਰ ਲਿਆ ਹੈ, (ਮੇਰੇ ਅੰਦਰੋਂ ਹੁਣ) ਪੰਜ ਕਾਮਾਦਿਕਾਂ ਦਾ ਖੁਰਾ-ਖੋਜ ਹੀ ਮਿਟ ਗਿਆ ਹੈ (ਭਾਵ, ਮੇਰੇ ਉੱਤੇ ਇਹ ਆਪਣਾ ਜ਼ੋਰ ਨਹੀਂ ਪਾ ਸਕਦੇ);

29982	693	ਸਤਰਿ ਦੋਇ ਭਰੇ ਅੰਮ੍ਰਿਤ ਸਰਿ ਬਿਖੁ ਕਉ ਮਾਰਿ ਕਢਾਵਉ॥੧॥	(ਸਤਰਿ) ਪੜਦੇ। (ਦੋਇ) ਮਨ ਬੁੱਧ। (ਸਤਰਿ ਦੋਇ) ਬਹੱਤਰ ਨਾੜੀਆਂ ਦਾ ਸਰੀਰ। ਸਤਰਿ:ਪੋਲਾ ਬੋਲੋ	Sathar Dhoe Bharae Anmrith Sar Bikh Ko Maar Kadtaavo ||1||	I have filled the seventy-two thousand nerve channels with Ambrosial Nectar, and drained out the poison. ||1||	ਮੈਂ ਆਪਣੀ ਰਗ-ਰਗ ਨੂੰ ਨਾਮ ਅੰਮ੍ਰਿਤ ਦੇ ਸਰੋਵਰ ਨਾਲ ਭਰ ਲਿਆ ਹੈ ਤੇ (ਮਾਇਆ ਦੇ) ਜ਼ਹਿਰ ਦਾ ਪੂਰਨ ਤੌਰ ਤੇ ਨਾਸ ਕਰ ਦਿੱਤਾ ਹੈ ॥੧॥
29983	693	ਪਾਛੈ ਬਹੁਰਿ ਨ ਆਵਨੁ ਪਾਵਉ॥		Paashhai Bahur N Aavan Paavo ||	I shall not come into the world again.	ਹੁਣ ਮੈਂ ਮੁੜ ਮੁੜ ਜਨਮ ਮਰਨ ਵਿਚ ਨਹੀਂ ਆਵਾਂਗਾ,
29984	693	ਅੰਮ੍ਰਿਤ ਬਾਣੀ ਘਟ ਤੇ ਉਚਰਉ ਆਤਮ ਕਉ ਸਮਝਾਵਉ॥੧॥ਰਹਾਉ॥	ਘਟ:ਪੋਲਾ ਬੋਲੋ। ਉੱਚ-ਰਉ	Anmrith Baanee Ghatt Thae Oucharo Aatham Ko Samajhaavo ||1|| Rehaao ||	I chant the Ambrosial Bani of the Word from the depths of my heart, and I have instructed my soul. ||1||Pause||	(ਕਿਉਂਕਿ) ਮੈਂ ਚਿੱਤ ਜੋੜ ਕੇ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਉਚਾਰਦਾ ਹਾਂ ਤੇ ਆਪਣੇ ਆਤਮਾ ਨੂੰ (ਸਹੀ ਜੀਵਨ ਦੀ) ਸਿੱਖਿਆ ਦੇਂਦਾ ਰਹਿੰਦਾ ਹਾਂ ॥੧॥ ਰਹਾਉ ॥
29985	693	ਬਜਰ ਕੁਠਾਰੁ ਮੋਹਿ ਹੈ ਛੀਨਾਂ ਕਰਿ ਮਿੰਨਤਿ ਲਗਿ ਪਾਵਉ॥	(ਬੱਜਰ) ਕਰੜਾ। (ਕੁਠਾਰੁ) ਕੁਹਾੜਾ। ਲੱਗਿ	Bajar Kuthaar Mohi Hai Shheenaan Kar Minnath Lag Paavo ||	I fell at the Guru's feet and begged of Him; with the mighty axe, I have chopped off emotional attachment.	ਆਪਣੇ ਸਤਗੁਰੂ ਦੀ ਚਰਨੀਂ ਲੱਗ ਕੇ, ਗੁਰੂ ਅੱਗੇ ਅਰਜ਼ੋਈ ਕਰ ਕੇ (ਕਾਲ ਦੇ ਹੱਥੋਂ) ਮੈਂ (ਉਸ ਦਾ) ਭਿਆਨਕ ਕੁਹਾੜਾ ਖੋਹ ਲਿਆ ਹੈ।

29986	693	ਸੰਤਨ ਕੇ ਹਮ ਉਲਟੇ ਸੇਵਕ ਭਗਤਨ ਤੇ ਡਰ ਪਾਵਉ॥੨॥		Santhan Kae Ham Oulattae Saevak Bhagathan Thae Ddarapaavo ||2||	Turning away from the world, I have become the servant of the Saints; I fear no one except the Lord's devotees. ||2||	(ਕਾਲ ਪਾਸੋਂ ਡਰਨ ਦੇ ਥਾਂ) ਮੈਂ ਉਲਟਾ ਭਗਤ ਜਨਾਂ ਤੋਂ ਡਰਦਾ ਹਾਂ (ਭਾਵ, ਅਦਬ ਕਰਦਾ ਹਾਂ) ਤੇ ਉਹਨਾਂ ਦਾ ਹੀ ਸੇਵਕ ਬਣ ਗਿਆ ਹਾਂ ॥੨॥
29987	693	ਇਹ ਸੰਸਾਰ ਤੇ ਤਬ ਹੀ ਛੂਟਉ ਜਉ ਮਾਇਆ ਨਹ ਲਪਟਾਵਉ॥		Eih Sansaar Thae Thab Hee Shhootto Jo Maaeiaa Neh Lapattaavo ||	I shall be released from this world, when I stop clinging to Maya.	ਇਸ ਸੰਸਾਰ ਦੇ ਬੰਧਨਾਂ ਤੋਂ ਮੇਰੀ ਤਦੋਂ ਹੀ ਖ਼ਲਾਸੀ ਹੋ ਸਕਦੀ ਹੈ ਜੇ ਮੈਂ ਮਾਇਆ ਦੇ ਮੋਹ ਵਿਚ ਨਾ ਫਸਾਂ;
29988	693	ਮਾਇਆ ਨਾਮੁ ਗਰਭ ਜੋਨਿ ਕਾ ਤਿਹ ਤਜਿ ਦਰਸਨੁ ਪਾਵਉ॥੩॥		Maaeiaa Naam Garabh Jon Kaa Thih Thaj Dharasan Paavo ||3||	Maya is the name of the power which causes us to be born; renouncing it, we obtain the Blessed Vision of the Lord's Darshan. ||3||	ਮਾਇਆ (ਦਾ ਮੋਹ) ਹੀ ਜਨਮ ਮਰਨ ਦੇ ਗੇੜ ਵਿਚ ਪੈਣ ਦਾ ਮੂਲ ਹੈ, ਇਸ ਨੂੰ ਤਿਆਗ ਕੇ ਹੀ ਪ੍ਰਭੂ ਦਾ ਦੀਦਾਰ ਹੋ ਸਕਦਾ ਹੈ ॥੩॥
29989	693	ਇਤੁ ਕਰਿ ਭਗਤਿ ਕਰਹਿ ਜੋ ਜਨ ਤਿਨ ਭਉ ਸਗਲ ਚੁਕਾਈਐ॥		Eith Kar Bhagath Karehi Jo Jan Thin Bho Sagal Chukaaeeai ||	That humble being, who performs devotional worship in this way, is rid of all fear.	ਇਸ ਤਰੀਕੇ ਨਾਲ ਜੋ ਮਨੁੱਖ ਪ੍ਰਭੂ ਦੀ ਭਗਤੀ ਕਰਦੇ ਹਨ; ਉਹਨਾਂ ਦਾ ਹਰੇਕ ਕਿਸਮ ਦਾ ਸਹਿਮ ਦੂਰ ਹੋ ਜਾਂਦਾ ਹੈ।

29990	693	ਕਹਤ ਨਾਮਦੇਉ ਬਾਹਰਿ ਕਿਆ ਭਰਮਹੁ ਇਹ ਸੰਜਮ ਹਰਿ ਪਾਈਐ॥੪॥੨॥		Kehath Naamadhaeo Baahar Kiaa Bharamahu Eih Sanjam Har Paaeeai ||4||2||	Says Naam Dayv, why are you wandering around out there? This is the way to find the Lord. ||4||2||	ਨਾਮਦੇਵ ਆਖਦਾ ਹੈ-(ਹੇ ਭਾਈ! ਭੇਖੀ ਬੈਰਾਗੀ ਬਣ ਕੇ) ਬਾਹਰ ਭਟਕਣ ਦਾ ਕੋਈ ਲਾਭ ਨਹੀਂ; (ਜਿਹੜੇ ਸੰਜਮ ਅਸਾਂ ਦੱਸੇ ਹਨ) ਇਹਨਾਂ ਸੰਜਮਾਂ ਦੀ ਰਾਹੀਂ ਪਰਮਾਤਮਾ ਦੀ ਪ੍ਰਾਪਤੀ ਹੋ ਸਕਦੀ ਹੈ ॥੪॥੨॥
29991	693	ਮਾਰਵਾੜਿ ਜੈਸੇ ਨੀਰੁ ਬਾਲਹਾ ਬੇਲਿ ਬਾਲਹਾ ਕਰਹਲਾ॥	ਮਾਰਵਾੜਿ ਇੱਕ ਰੇਤਲਾ ਦੇਸ। (ਬਾਲਹਾ) ਪਿਆਰਾ। (ਬੇਲਿ) ਵੇਲ। (ਕਰਹਲਾ) ਊਠ	Maaravaarr Jaisae Neer Baalehaa Bael Baalehaa Karehalaa ||	As water is very precious in the desert, and the creeper weeds are dear to the camel,	ਜਿਵੇਂ ਮਾਰਵਾੜ (ਦੇਸ) ਵਿਚ ਪਾਣੀ ਪਿਆਰਾ ਲੱਗਦਾ ਹੈ, ਜਿਵੇਂ ਊਠ ਨੂੰ ਵੇਲ ਪਿਆਰੀ ਲੱਗਦੀ ਹੈ,
29992	693	ਜਿਉ ਕੁਰੰਕ ਨਿਸਿ ਨਾਦੁ ਬਾਲਹਾ ਤਿਉ ਮੇਰੈ ਮਨਿ ਰਾਮਈਆ॥੧॥	(ਨਿਸਿ) ਰਾਤ। ਰਾ-ਮਈਆ	Jio Kurank Nis Naadh Baalehaa Thio Maerai Man Raameeaa ||1||	And the tune of the hunter's bell at night is enticing to the deer, so is the Lord to my mind. ||1||	ਜਿਵੇਂ ਹਰਨ ਨੂੰ ਰਾਤ ਵੇਲੇ (ਘੰਡੇਹੇੜੇ ਦੀ) ਅਵਾਜ਼ ਪਿਆਰੀ ਲੱਗਦੀ ਹੈ, ਜਿਵੇਂ ਮੇਰੇ ਮਨ ਵਿਚ ਸੋਹਣਾ ਰਾਮ ਲੱਗਦਾ ਹੈ ॥੧॥
29993	693	ਤੇਰਾ ਨਾਮੁ ਰੂੜੋ ਰੂਪੁ ਰੂੜੋ ਅਤਿ ਰੰਗ ਰੂੜੋ ਮੇਰੋ ਰਾਮਈਆ॥੧॥ਰਹਾਉ॥	(ਰੂੜੋ) ਸੁੰਦਰ	Thaeraa Naam Roorro Roop Roorro Ath Rang Roorro Maero Raameeaa ||1|| Rehaao ||	Your Name is so beautiful! Your form is so beautiful! Your Love is so very beautiful, O my Lord. ||1||Pause||	ਹੇ ਮੇਰੇ ਸੋਹਣੇ ਰਾਮ! ਤੇਰਾ ਨਾਮ ਸੋਹਣਾ ਹੈ, ਤੇਰਾ ਰੂਪ ਸੋਹਣਾ ਹੈ ਅਤੇ ਤੇਰਾ ਰੰਗ ਬਹੁਤ ਸੋਹਣਾ ਹੈ ॥੧॥ ਰਹਾਉ ॥

29994	693	ਜਿਉ ਧਰਣੀ ਕਉ ਇੰਦ੍ਰੁ ਬਾਲਹਾ ਕੁਸਮ ਬਾਸੁ ਜੈਸੇ ਭਵਰਲਾ॥	(ਇੰਦ੍ਰੁ) ਮੀਂਹ। (ਭਵਰਲਾ) ਭੌਰਾ	Jio Dhharanee Ko Eindhra Baalehaa Kusam Baas Jaisae Bhavaralaa ||	As rain is dear to the earth, and the flower's fragrance is dear to the bumble bee,	ਜਿਵੇਂ ਧਰਤੀ ਨੂੰ ਮੀਂਹ ਪਿਆਰਾ ਲੱਗਦਾ ਹੈ, ਜਿਵੇਂ ਭੌਰੇ ਨੂੰ ਫੁੱਲ ਦੀ ਸੁਗੰਧੀ ਪਿਆਰੀ ਲੱਗਦੀ ਹੈ,
29995	693	ਜਿਉ ਕੋਕਿਲ ਕਉ ਅੰਬੁ ਬਾਲਹਾ ਤਿਉ ਮੇਰੈ ਮਨਿ ਰਾਮਈਆ॥੨॥	ਰਾ-ਮਈਆ	Jio Kokil Ko Anb Baalehaa Thio Maerai Man Raameeaa ||2||	And the mango is dear to the cuckoo, so is the Lord to my mind. ||2||	ਜਿਵੇਂ ਕੋਇਲ ਨੂੰ ਅੰਬ ਪਿਆਰਾ ਲੱਗਦਾ ਹੈ, ਤਿਵੇਂ ਮੇਰੇ ਮਨ ਵਿਚ ਸੋਹਣਾ ਰਾਮ ਪਿਆਰਾ ਲੱਗਦਾ ਹੈ ॥੨॥
29996	693	ਚਕਵੀ ਕਉ ਜੈਸੇ ਸੂਰੁ ਬਾਲਹਾ ਮਾਨ ਸਰੋਵਰ ਹੰਸੁਲਾ॥		Chakavee Ko Jaisae Soor Baalehaa Maan Sarovar Hansulaa ||	As the sun is dear to the chakvi duck, and the lake of Man Sarovar is dear to the swan,	ਜਿਵੇਂ ਚਕਵੀ ਨੂੰ ਸੂਰਜ ਪਿਆਰਾ ਲੱਗਦਾ ਹੈ; ਜਿਵੇਂ ਹੰਸ ਨੂੰ ਮਾਨਸਰੋਵਰ ਪਿਆਰਾ ਲੱਗਦਾ ਹੈ;
29997	693	ਜਿਉ ਤਰੁਣੀ ਕਉ ਕੰਤੁ ਬਾਲਹਾ ਤਿਉ ਮੇਰੈ ਮਨਿ ਰਾਮਈਆ॥੩॥	(ਤਰੁਣੀ) ਜਵਾਨ ਇਸਤ੍ਰੀ	Jio Tharunee Ko Kanth Baalehaa Thio Maerai Man Raameeaa ||3||	And the husband is dear to his wife, so is the Lord to my mind. ||3||	ਜਿਵੇਂ ਜੁਆਨ ਇਸਤ੍ਰੀ ਨੂੰ (ਆਪਣਾ) ਖਸਮ ਪਿਆਰਾ ਲੱਗਦਾ ਹੈ, ਤਿਵੇਂ ਮੇਰੇ ਮਨ ਵਿਚ ਸੋਹਣਾ ਰਾਮ ਪਿਆਰਾ ਲੱਗਦਾ ਹੈ ॥੩॥
29998	693	ਬਾਰਿਕ ਕਉ ਜੈਸੇ ਖੀਰੁ ਬਾਲਹਾ ਚਾਤ੍ਰਿਕ ਮੁਖ ਜੈਸੇ ਜਲਧਰਾ॥	(ਜਲਧਰਾ) ਬੱਦਲ	Baarik Ko Jaisae Kheer Baalehaa Chaathrik Mukh Jaisae Jaladhharaa ||	As milk is dear to the baby, and the raindrop is dear to the mouth of the rainbird,	ਜਿਵੇਂ ਬਾਲਕ ਨੂੰ ਦੁੱਧ ਪਿਆਰਾ ਲੱਗਦਾ ਹੈ, ਜਿਵੇਂ ਪਪੀਹੇ ਦੇ ਮੂੰਹ ਨੂੰ ਬੱਦਲ ਪਿਆਰਾ ਲੱਗਦਾ ਹੈ,

29999	693	ਮਛੁਲੀ ਕਉ ਜੈਸੇ ਨੀਰੁ ਬਾਲਹਾ ਤਿਉ ਮੇਰੈ ਮਨਿ ਰਾਮਈਆ॥੪॥		Mashhulee Ko Jaisae Neer Baalehaa Thio Maerai Man Raameeaa ||4||	And as water is dear to the fish, so is the Lord to my mind. ||4||	ਮੱਛੀ ਨੂੰ ਜਿਵੇਂ ਪਾਣੀ ਪਿਆਰਾ ਲੱਗਦਾ ਹੈ, ਤਿਵੇਂ ਮੇਰੇ ਮਨ ਵਿਚ ਸੋਹਣਾ ਰਾਮ ਪਿਆਰਾ ਲੱਗਦਾ ਹੈ ॥੪॥
30000	693	ਸਾਧਿਕ ਸਿਧ ਸਗਲ ਮੁਨਿ ਚਾਹਹਿ ਬਿਰਲੇ ਕਾਹੂ ਡੀਠੁਲਾ॥		Saadhhik Sidhh Sagal Mun Chaahehi Biralae Kaahoo Ddeethulaa ||	All the seekers, Siddhas and silent sages seek Him, but only a rare few behold Him.	(ਜੋਗ) ਸਾਧਨਾ ਕਰਨ ਵਾਲੇ, (ਜੋਗ-ਸਾਧਨਾਂ ਵਿਚ) ਪੁੱਗੇ ਹੋਏ ਜੋਗੀ ਤੇ ਸਾਰੇ ਮੁਨੀ (ਸੋਹਣੇ ਰਾਮ ਦਾ ਦਰਸ਼ਨ ਕਰਨਾ) ਚਾਹੁੰਦੇ ਹਨ, ਪਰ ਕਿਸੇ ਵਿਰਲੇ ਨੂੰ ਦੀਦਾਰ ਹੁੰਦਾ ਹੈ;
30001	693	ਸਗਲ ਭਵਣ ਤੇਰੋ ਨਾਮੁ ਬਾਲਹਾ ਤਿਉ ਨਾਮੇ ਮਨਿ ਬੀਠੁਲਾ॥੫॥੩॥		Sagal Bhavan Thaero Naam Baalehaa Thio Naamae Man Beethulaa ||5||3||	Just as Your Name is dear to all the Universe, so is the Lord dear to Naam Dayv's mind. ||5||3||	(ਹੇ ਮੇਰੇ ਸੋਹਣੇ ਰਾਮ! ਜਿਵੇਂ) ਸਾਰੇ ਭਵਨਾਂ (ਦੇ ਜੀਵਾਂ) ਨੂੰ ਤੇਰਾ ਨਾਮ ਪਿਆਰਾ ਹੈ, ਤਿਵੇਂ ਹੀ ਮੈਂ ਨਾਮੇ ਦੇ ਮਨ ਵਿਚ ਭੀ ਤੂੰ ਬੀਠੁਲ ਪਿਆਰਾ ਹੈਂ ॥੫॥੩॥
30002	693	ਪਹਿਲ ਪੁਰੀਏ ਪੁੰਡਰਕ ਵਨਾ॥	(ਪਹਿਲ ਪੁਰੀਏ) ਪਹਿਲਾਂ ਪਹਿਲ। (ਪੁੰਡਰਕ) ਚਿੱਟਾ ਕਮਲ	Pehil Pureeeae Punddarak Vanaa ||	First of all, the lotuses bloomed in the woods;	ਪਹਿਲਾਂ ਪਹਿਲ (ਜੋ ਜਗਤ ਬਣਿਆ ਹੈ ਉਹ, ਮਾਨੋ) ਕੌਲ ਫੁੱਲਾਂ ਦਾ ਖੇਤ ਹੈ,
30003	693	ਤਾ ਚੇ ਹੰਸਾ ਸਗਲੇ ਜਨਾਂ॥	(ਤਾ) ਤਿਨ੍ਹਾਂ। (ਚੇ) ਤੋਂ	Thaa Chae Hansaa Sagalae Janaan ||	From them, all the swan-souls came into being.	ਸਾਰੇ ਜੀਅ ਜੰਤ ਉਸ (ਕੌਲ ਫੁੱਲਾਂ ਦੇ ਖੇਤ) ਦੇ ਹੰਸ ਹਨ।

30004	693	ਕ੍ਰਿਸ੍ਨਾ ਤੇ ਜਾਨਊ ਹਰਿ ਹਰਿ ਨਾਚੰਤੀ ਨਾਚਨਾ॥੧॥	(ਕ੍ਰਿਸ੍ਨਾ) ਪ੍ਰਭੂ। (ਨਾਚਨਾ) ਸ੍ਰਿਸ਼ਟੀ, ਮਾਇਆ। :ਅੱਧਾ ਨੰਨਾ ਪੋਲਾ ਬੋਲੋ	Kirasaa Thae Jaanoo Har Har Naachanthee Naachanaa ||1||	Know that, through Krishna, the Lord, Har, Har, the dance of creation dances. ||1||	ਪਰਮਾਤਮਾ ਦੀ ਇਹ ਰਚਨਾ ਨਾਚ ਕਰ ਰਹੀ ਹੈ। ਇਹ ਪ੍ਰਭੂ ਦੀ ਮਾਇਆ (ਦੀ ਪ੍ਰੇਰਨਾ) ਤੋਂ ਸਮਝੋ ॥੧॥
30005	693	ਪਹਿਲ ਪੁਰਸਾ ਬਿਰਾ॥		Pehil Purasaabiraa ||	First of all, there was only the Primal Being.	ਪਹਿਲਾਂ ਪੁਰਸ਼ (ਅਕਾਲ ਪੁਰਖ) ਪਰਗਟ ਹੋਇਆ {"ਆਪੀਨ੍ਹੈ ਆਪੁ ਸਾਜਿਓ, ਆਪੀਨ੍ਹੈ ਰਚਿਓ ਨਾਉ"}।
30006	693	ਅਥੋਨ ਪੁਰਸਾ ਦਮਰਾ॥		Athhon Purasaadhamaraa ||	From that Primal Being, Maya was produced.	ਫਿਰ ਅਕਾਲ ਪੁਰਖ ਤੋਂ ਮਾਇਆ (ਬਣੀ) ("ਦੁਯੀ ਕੁਦਰਤਿ ਸਾਜੀਐ")।
30007	693	ਅਸਗਾ ਅਸ ਉਸਗਾ॥	(ਅਸਗਾ) ਇਸ ਜੀਵ ਦਾ। (ਉਸਗਾ) ਉਸ ਪ੍ਰਮਾਤਮਾ ਦਾ	Asagaa As Ousagaa ||	All that is, is His.	ਇਸ ਮਾਇਆ ਦਾ ਅਤੇ ਉਸ ਅਕਾਲ ਪੁਰਖ ਦਾ (ਮੇਲ ਹੋਇਆ) ("ਕਰਿ ਆਸਣੁ ਡਿਠੋ ਚਾਉ")।
30008	693	ਹਰਿ ਕਾ ਬਾਗਰਾ ਨਾਚੈ ਪਿੰਧੀ ਮਹਿ ਸਾਗਰਾ॥੧॥ਰਹਾਉ॥	(ਬੱਾਗਰਾ) ਬਾਗ। (ਪਿੰਧੀ) ਟਿੰਡਾਂ। (ਸਾਗਰਾ) ਪਾਣੀ	Har Kaa Baagaraa Naachai Pindhhee Mehi Saagaraa ||1|| Rehaao ||	In this Garden of the Lord, we all dance, like water in the pots of the Persian wheel. ||1||Pause||	(ਇਸ ਤਰ੍ਹਾਂ ਇਹ ਸੰਸਾਰ) ਪਰਮਾਤਮਾ ਦਾ ਇਕ ਸੋਹਣਾ ਜਿਹਾ ਬਾਗ਼ (ਬਣ ਗਿਆ ਹੈ, ਜੋ) ਇਉਂ ਨੱਚ ਰਿਹਾ ਹੈ ਜਿਵੇਂ (ਖੂਹ ਦੀਆਂ) ਟਿੰਡਾਂ ਵਿਚ ਪਾਣੀ ਨੱਚਦਾ ਹੈ (ਭਾਵ, ਸੰਸਾਰ ਦੇ ਜੀਵ ਮਾਇਆ ਵਿਚ ਮੋਹਿਤ ਹੋ ਕੇ ਦੌੜ-ਭੱਜ ਕਰ ਰਹੇ ਹਨ, ਮਾਇਆ ਦੇ ਹੱਥਾਂ ਉੱਤੇ ਨੱਚ ਰਹੇ ਹਨ) ॥੧॥ ਰਹਾਉ ॥

30009	693	ਨਾਚੰਤੀ ਗੋਪੀ ਜੰਨਾ॥	(ਗੋਪੀ) ਇੰਦ੍ਰੀਆਂ। (ਜੰਨਾ) ਜਨਾਂ ਦੀਆਂ	Naachanthee Gopee Jannaa ||	Women and men both dance.	ਇਸਤ੍ਰੀਆਂ ਮਰਦ ਸਭ ਨੱਚ ਰਹੇ ਹਨ,
30010	693	ਨਈਆ ਤੇ ਬੈਰੇ ਕੰਨਾ॥	(ਨਈਆ) ਨਾਇਕ ਪ੍ਰਭੂ। (ਬੈਰੇ) ਬਿਨਾ ਹੋਰ। (ਕੰਨਾ) ਕੋਈ ਨਹੀਂ	Neeaa Thae Bairae Kannaa ||	There is no other than the Lord.	(ਪਰ ਇਹਨਾਂ ਸਭਨਾਂ ਵਿਚ) ਪਰਮਾਤਮਾ ਤੋਂ ਬਿਨਾ ਕੋਈ ਹੋਰ ਨਹੀਂ ਹੈ।
30011	693	ਤਰਕੁ ਨ ਚਾ॥	(ਚਾ) ਕਰ	Tharak N Chaa ||	Don't dispute this,	(ਹੇ ਭਾਈ! ਇਸ ਵਿਚ) ਸ਼ੱਕ ਨਾ ਕਰ,
30012	693	ਭ੍ਰਮੀਆ ਚਾ॥		Bhrameeaa Chaa ||	And don't doubt this.	(ਇਸ ਸੰਬੰਧੀ) ਭਰਮ ਦੂਰ ਕਰ ਦੇਹ।
30013	693	ਕੇਸਵਾ ਬਚਉਨੀ ਅਈਏ ਮਈਏ ਏਕ ਆਨ ਜੀਉ॥੨॥	(ਕੇਸਵਾ) ਪ੍ਰਭੂ ਜੀ ਦੇ (ਬ-ਚਉਨੀ) ਬਚਨ। (ਅਈਏ) ਇਹ ਸੰਸਾਰ ਤੇ (ਮਈਏ) ਮੇਰਾ ਸਰੂਪ ਇੱਕ ਹੀ ਹਾਂ	Kaesavaa Bachounee Aeeeae Meeeae Eaek Aan Jeeo ||2||	The Lord says, ""This creation and I are one and the same.""||2||	ਹਰੇਕ ਇਸਤ੍ਰੀ-ਮਰਦ ਵਿਚ ਪਰਮਾਤਮਾ ਦੇ ਬਚਨ ਹੀ ਇੱਕ-ਰਸ ਹੋ ਰਹੇ ਹਨ (ਭਾਵ, ਹਰੇਕ ਜੀਵ ਵਿਚ ਪਰਮਾਤਮਾ ਆਪ ਹੀ ਬੋਲ ਰਿਹਾ ਹੈ) ॥੨॥
30014	694	ਪਿੰਧੀ ਉਭਕਲੇ ਸੰਸਾਰਾ॥	(ਉਭ-ਕਲੇ) ਡੁਬਕੀਆਂ	Pindhhee Oubhakalae Sansaaraa ||	Like the pots on the Persian wheel, sometimes the world is high, and sometimes it is low.	(ਹੇ ਭਾਈ! ਜੀਵ-) ਟਿੰਡਾਂ ਸੰਸਾਰ-ਸਮੁੰਦਰ ਵਿਚ ਡੁਬਕੀਆਂ ਲੈ ਰਹੀਆਂ ਹਨ।
30015	694	ਭ੍ਰਮਿ ਭ੍ਰਮਿ ਆਏ ਤੁਮ ਚੇ ਦੁਆਰਾ॥		Bhram Bhram Aaeae Thum Chae Dhuaaraa ||	Wandering and roaming around, I have come at last to Your Door.	ਹੇ ਪ੍ਰਭੂ! ਭਟਕ ਭਟਕ ਕੇ ਮੈਂ ਤੇਰੇ ਦਰ ਤੇ ਆ ਡਿੱਗਾ ਹਾਂ।
30016	694	ਤੂ ਕੁਨੁ ਰੇ॥		Thoo Kun Rae ||	"Who are you?"	ਹੇ (ਪ੍ਰਭੂ) ਜੀ! (ਜੇ ਤੂੰ ਮੈਨੂੰ ਪੁੱਛੇਂ-) ਤੂੰ ਕੌਣ ਹੈਂ?

30017	694	ਮੈ ਜੀ॥		Mai Jee ||	"I am Naam Dayv, Sir."	(ਤਾਂ) ਮੈਂ ਹੇ ਪ੍ਰਭੂ ਜੀ!
30018	694	ਨਾਮਾ॥		Naamaa ||		ਨਾਮਾ ਹਾਂ।
30019	694	ਹੋ ਜੀ॥		Ho Jee ||	"I am Naam Dayv, Sir."	ਹੇ ਪ੍ਰਭੂ ਜੀ!
30020	694	ਆਲਾ ਤੇ ਨਿਵਾਰਣਾ ਜਮ ਕਾਰਣਾ॥੩॥੪॥	(ਆਲਾ) ਸੰਸਾਰ।ਆਲਾ:ਪੋਲਾ ਬੋਲੋ (ਨਿਵਾਰਣਾ) ਬਚਾਓ	Aalaa Thae Nivaaranaa Jam Kaaranaa ||3||4||	O Lord, please save me from Maya, the cause of death. ||3||4||	ਮੈਨੂੰ ਜਗਤ ਦੇ ਜੰਜਾਲ ਤੋਂ, ਜੋ ਕਿ ਜਮਾਂ (ਦੇ ਡਰ) ਦਾ ਕਾਰਨ ਹੈ, ਬਚਾ ਲੈ ॥੩॥੪॥
30021	694	ਪਤਿਤ ਪਾਵਨ ਮਾਧਉ ਬਿਰਦੁ ਤੇਰਾ॥		Pathith Paavan Maadhho Biradh Thaeraa ||	O Lord, You are the Purifier of sinners - this is Your innate nature.	ਹੇ ਮਾਧੋ! (ਵਿਕਾਰਾਂ ਵਿਚ) ਡਿੱਗੇ ਹੋਏ ਬੰਦਿਆਂ ਨੂੰ (ਮੁੜ) ਪਵਿੱਤਰ ਕਰਨਾ ਤੇਰਾ ਮੁੱਢ ਕਦੀਮਾਂ ਦਾ ਸੁਭਾਉ ਹੈ।
30022	694	ਧੰਨਿ ਤੇ ਵੈ ਮੁਨਿ ਜਨ ਜਿਨ ਧਿਆਇਓ ਹਰਿ ਪ੍ਰਭੁ ਮੇਰਾ॥੧॥		Dhhann Thae Vai Mun Jan Jin Dhhiaaeiou Har Prabh Maeraa ||1||	Blessed are those silent sages and humble beings, who meditate on my Lord God. ||1||	(ਹੇ ਭਾਈ!) ਉਹ ਮੁਨੀ ਲੋਕ ਭਾਗਾਂ ਵਾਲੇ ਹਨ, ਜਿਨ੍ਹਾਂ ਪਿਆਰੇ ਹਰੀ ਪ੍ਰਭੂ ਨੂੰ ਸਿਮਰਿਆ ਹੈ ॥੧॥
30023	694	ਮੇਰੈ ਮਾਥੈ ਲਾਗੀ ਲੇ ਧੂਰਿ ਗੋਬਿੰਦ ਚਰਨਨ ਕੀ॥		Maerai Maathhai Laagee Lae Dhhoor Gobindh Charanan Kee ||	I have applied to my forehead the dust of the feet of the Lord of the Universe.	(ਉਸ ਗੋਬਿੰਦ ਦੀ ਮਿਹਰ ਨਾਲ) ਮੇਰੇ ਮੱਥੇ ਉੱਤੇ (ਭੀ) ਉਸ ਦੇ ਚਰਨਾਂ ਦੀ ਧੂੜ ਲੱਗੀ ਹੈ (ਭਾਵ, ਮੈਨੂੰ ਭੀ ਗੋਬਿੰਦ ਦੇ ਚਰਨਾਂ ਦੀ ਧੂੜ ਮੱਥੇ ਉੱਤੇ ਲਾਉਣੀ ਨਸੀਬ ਹੋਈ ਹੈ);

30024	694	ਸੁਰਿ ਨਰ ਮੁਨਿ ਜਨ ਤਿਨਹੂ ਤੇ ਦੂਰਿ॥੧॥ਰਹਾਉ॥		Sur Nar Mun Jan Thinehoo Thae Dhoor ||1|| Rehaao ||	This is something which is far away from the gods, mortal men and silent sages. ||1||Pause||	ਉਹ ਧੂੜ ਦੇਵਤੇ ਤੇ ਮੁਨੀ ਲੋਕਾਂ ਦੇ ਭੀ ਭਾਗਾਂ ਵਿਚ ਨਹੀਂ ਹੋ ਸਕੀ ॥੧॥ ਰਹਾਉ ॥
30025	694	ਦੀਨ ਕਾ ਦਇਆਲੁ ਮਾਧੌ ਗਰਬ ਪਰਹਾਰੀ॥	(ਪਰਹਾਰੀ) ਦੂਰ ਕਰਨ ਵਾਲੇ	Dheen Kaa Dhaeiaal Maadhha Garab Parehaaree ||	O Lord, Merciful to the meek, Destroyer of pride	ਹੇ ਮਾਧੋ! ਤੂੰ ਦੀਨਾਂ ਉੱਤੇ ਦਇਆ ਕਰਨ ਵਾਲਾ ਹੈਂ। ਤੂੰ (ਅਹੰਕਾਰੀਆਂ ਦਾ) ਅਹੰਕਾਰ ਦੂਰ ਕਰਨ ਵਾਲਾ ਹੈਂ।
30026	694	ਚਰਨ ਸਰਨ ਨਾਮਾ ਬਲਿ ਤਿਹਾਰੀ॥੨॥੫॥		Charan Saran Naamaa Bal Thihaaree ||2||5||	- Naam Dayv seeks the Sanctuary of Your feet; he is a sacrifice to You. ||2||5||	ਮੈਂ ਨਾਮਦੇਵ ਤੇਰੇ ਚਰਨਾਂ ਦੀ ਸ਼ਰਨ ਆਇਆ ਹਾਂ ਅਤੇ ਤੈਥੋਂ ਸਦਕੇ ਹਾਂ ॥੨॥੫॥
30027	694	ਧਨਾਸਰੀ ਭਗਤ ਰਵਿਦਾਸ ਜੀ ਕੀ		Dhhanaasaree Bhagath Ravidhaas Jee Kee	Dhanaasaree, Devotee Ravi Daas Jee:	ਰਾਗ ਧਨਾਸਰੀ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ।
30028	694	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30029	694	ਹਮ ਸਰਿ ਦੀਨੁ ਦਇਆਲੁ ਨ ਤੁਮ ਸਰਿ ਅਬ ਪਤੀਆਰੁ ਕਿਆ ਕੀਜੈ॥		Ham Sar Dheen Dhaeiaal N Thum Sar Ab Patheeaar Kiaa Keejai ||	There is none as forlorn as I am, and none as Compassionate as You; what need is there to test us now?	(ਹੇ ਮਾਧੋ!) ਮੇਰੇ ਵਰਗਾ ਕੋਈ ਨਿਮਾਣਾ ਨਹੀਂ, ਤੇ, ਤੇਰੇ, ਵਰਗਾ ਹੋਰ ਕੋਈ ਦਇਆ ਕਰਨ ਵਾਲਾ ਨਹੀਂ, (ਮੇਰੀ ਕੰਗਾਲਤਾ ਦਾ) ਹੁਣ ਹੋਰ ਪਰਤਾਵਾ ਕਰਨ ਦੀ ਲੋੜ ਨਹੀਂ।

30030	694	ਬਚਨੀ ਤੋਰ ਮੋਰ ਮਨੁ ਮਾਨੈ ਜਨ ਕਉ ਪੂਰਨੁ ਦੀਜੈ॥੧॥		Bachanee Thor Mor Man Maanai Jan Ko Pooran Dheejai ||1||	May my mind surrender to Your Word; please, bless Your humble servant with this perfection. ||1||	(ਹੇ ਸੋਹਣੇ ਰਾਮ!) ਮੈਨੂੰ ਦਾਸ ਨੂੰ ਇਹ ਪੂਰਨ ਸਿਦਕ ਬਖ਼ਸ਼ ਕਿ ਮੇਰਾ ਮਨ ਤੇਰੀ ਸਿਫ਼ਤ-ਸਾਲਾਹ ਦੀਆਂ ਗੱਲਾਂ ਵਿਚ ਪਰਚ ਜਾਇਆ ਕਰੇ ॥੧॥
30031	694	ਹਉ ਬਲਿ ਬਲਿ ਜਾਉ ਰਮਈਆ ਕਾਰਨੇ॥	ਰ-ਮਈਆ	Ho Bal Bal Jaao Rameeaa Kaaranae ||	I am a sacrifice, a sacrifice to the Lord.	ਹੇ ਸੋਹਣੇ ਰਾਮ! ਮੈਂ ਤੈਥੋਂ ਸਦਾ ਸਦਕੇ ਹਾਂ;
30032	694	ਕਾਰਨ ਕਵਨ ਅਬੋਲ॥ਰਹਾਉ॥		Kaaran Kavan Abol || Rehaao ||	O Lord, why are You silent? ||Pause||	ਤੂੰ ਕਿਸ ਗੱਲੇ ਮੇਰੇ ਨਾਲ ਨਹੀਂ ਬੋਲਦਾ? ਰਹਾਉ॥
30033	694	ਬਹੁਤ ਜਨਮ ਬਿਛੁਰੇ ਥੇ ਮਾਧਉ ਇਹੁ ਜਨਮੁ ਤੁਮ੍ਹਾਰੇ ਲੇਖੇ॥		Bahuth Janam Bishhurae Thhae Maadhho Eihu Janam Thumhaarae Laekhae ||	For so many incarnations, I have been separated from You, Lord; I dedicate this life to You.	ਰਵਿਦਾਸ ਆਖਦਾ ਹੈ-ਹੇ ਮਾਧੋ! ਕਈ ਜਨਮਾਂ ਤੋਂ ਮੈਂ ਤੈਥੋਂ ਵਿਛੁੜਿਆ ਆ ਰਿਹਾ ਹਾਂ (ਮਿਹਰ ਕਰ, ਮੇਰਾ) ਇਹ ਜਨਮ ਤੇਰੀ ਯਾਦ ਵਿਚ ਬੀਤੇ;
30034	694	ਕਹਿ ਰਵਿਦਾਸ ਆਸ ਲਗਿ ਜੀਵਉ ਚਿਰ ਭਇਓ ਦਰਸਨੁ ਦੇਖੇ॥੨॥੧॥		Kehi Ravidhaas Aas Lag Jeevo Chir Bhaeiou Dharasan Dhaekhae ||2||1||	Says Ravi Daas: placing my hopes in You, I live; it is so long since I have gazed upon the Blessed Vision of Your Darshan. ||2||1||	ਤੇਰਾ ਦੀਦਾਰ ਕੀਤਿਆਂ ਬੜਾ ਚਿਰ ਹੋ ਗਿਆ ਹੈ, (ਦਰਸ਼ਨ ਦੀ) ਆਸ ਵਿਚ ਹੀ ਮੈਂ ਜੀਊਂਦਾ ਹਾਂ ॥੨॥੧॥

30035	694	ਚਿਤ ਸਿਮਰਨੁ ਕਰਉ ਨੈਨ ਅਵਿਲੋਕਨੋ ਸ੍ਰਵਨ ਬਾਨੀ ਸੁਜਸੁ ਪੂਰਿ ਰਾਖਉ॥	ਦਾਸਨ ਦਾਸ (ਅਵਿਲੋਕਨੋ) ਦੇਖਦਾ ਹੈ। ਸੁ-ਜਸੁ:ਪੋਲਾ ਬੋਲੋ	Chith Simaran Karo Nain Avilokano Sravan Baanee Sujas Poor Raakho ||	In my consciousness, I remember You in meditation; with my eyes, I behold You; I fill my ears with the Word of Your Bani, and Your Sublime Praise.	(ਤਾਹੀਏਂ ਮੇਰੀ ਅਰਜ਼ੋਈ ਹੈ ਕਿ) ਮੈਂ ਚਿੱਤ ਨਾਲ ਪ੍ਰਭੂ ਦਾ ਸਿਮਰਨ ਕਰਦਾ ਰਹਾਂ, ਅੱਖਾਂ ਨਾਲ ਉਸ ਦਾ ਦੀਦਾਰ ਕਰਦਾ ਰਹਾਂ, ਕੰਨਾਂ ਵਿਚ ਉਸ ਦੀ ਬਾਣੀ ਤੇ ਉਸ ਦਾ ਸੋਹਣਾ ਜਸ ਭਰੀ ਰੱਖਾਂ,
30036	694	ਮਨੁ ਸੁਮਧੁਕਰੁ ਕਰਉ ਚਰਨ ਹਿਰਦੇ ਧਰਉ ਰਸਨ ਅੰਮ੍ਰਿਤ ਰਾਮ ਨਾਮ ਭਾਖਉ॥੧॥	(ਸੁ-ਮਧੁਕਰੁ)ਸ੍ਰੇਸ਼ਟ ਭੌਰਾ	Man S Madhhukar Karo Charan Hiradhae Dhharo Rasan Anmrith Raam Naam Bhaakho ||1||	My mind is the bumble bee; I enshrine Your feet within my heart, and with my tongue, I chant the Ambrosial Name of the Lord. ||1||	ਆਪਣੇ ਮਨ ਨੂੰ ਭੌਰਾ ਬਣਾਈ ਰੱਖਾਂ, ਉਸ ਦੇ (ਚਰਨ-ਕਮਲ) ਹਿਰਦੇ ਵਿਚ ਟਿਕਾ ਰੱਖਾਂ, ਤੇ, ਜੀਭ ਨਾਲ ਉਸ ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਉਚਾਰਦਾ ਰਹਾਂ ॥੧॥
30037	694	ਮੇਰੀ ਪ੍ਰੀਤਿ ਗੋਬਿੰਦ ਸਿਉ ਜਿਨਿ ਘਟੈ॥	(ਜਿਨਿ) ਮਤਾਂ (ਪੋਲਾ ਘਟੈ) ਘਟ ਜਾਏ	Maeree Preeth Gobindh Sio Jin Ghattai ||	My love for the Lord of the Universe does not decrease.	(ਮੈਨੂੰ ਡਰ ਰਹਿੰਦਾ ਹੈ ਕਿ) ਗੋਬਿੰਦ ਨਾਲ ਮੇਰੀ ਪ੍ਰੀਤ ਕਿਤੇ ਘਟ ਨਾਹ ਜਾਏ,
30038	694	ਮੈ ਤਉ ਮੋਲਿ ਮਹਗੀ ਲਈ ਜੀਅ ਸਟੈ॥੧॥ਰਹਾਉ॥	(ਸੱਟੈ) ਵੱਟੇ	Mai Tho Mol Mehagee Lee Jeea Sattai ||1|| Rehaao ||	I paid for it dearly, in exchange for my soul. ||1||Pause||	ਮੈਂ ਤਾਂ ਬੜੇ ਮਹਿੰਗੇ ਮੁੱਲ (ਇਹ ਪ੍ਰੀਤ) ਲਈ ਹੈ, ਜਿੰਦ ਦੇ ਕੇ (ਇਹ ਪ੍ਰੀਤ) ਵਿਹਾਝੀ ਹੈ ॥੧॥ ਰਹਾਉ ॥

30039	694	ਸਾਧਸੰਗਤਿ ਬਿਨਾ ਭਾਉ ਨਹੀ ਊਪਜੈ ਭਾਵ ਬਿਨੁ ਭਗਤਿ ਨਹੀ ਹੋਇ ਤੇਰੀ॥		Saadhhasangath Binaa Bhaao Nehee Oopajai Bhaav Bin Bhagath Nehee Hoe Thaeree ||	Without the Saadh Sangat, the Company of the Holy, love for the Lord does not well up; without this love, Your devotional worship cannot be performed.	(ਪਰ ਇਹ) ਪ੍ਰੀਤ ਸਾਧ ਸੰਗਤ ਤੋਂ ਬਿਨਾ ਪੈਦਾ ਨਹੀਂ ਹੋ ਸਕਦੀ, ਤੇ, ਹੇ ਪ੍ਰਭੂ! ਪ੍ਰੀਤ ਤੋਂ ਬਿਨਾ ਤੇਰੀ ਭਗਤੀ ਨਹੀਂ ਹੋ ਆਉਂਦੀ।
30040	694	ਕਹੈ ਰਵਿਦਾਸੁ ਇਕ ਬੇਨਤੀ ਹਰਿ ਸਿਉ ਪੈਜ ਰਾਖਹੁ ਰਾਜਾਰਾਮ ਮੇਰੀ॥੨॥੨॥		Kehai Ravidhaas Eik Baenathee Har Sio Paij Raakhahu Raajaa Raam Maeree ||2||2||	Ravi Daas offers this one prayer unto the Lord: please preserve and protect my honor, O Lord, my King. ||2||2||	ਰਵਿਦਾਸ ਪ੍ਰਭੂ ਅੱਗੇ ਅਰਦਾਸ ਕਰਦਾ ਹੈ-ਹੇ ਰਾਜਨ! ਜੇ ਮੇਰੇ ਰਾਮ! (ਮੈਂ ਤੇਰੀ ਸ਼ਰਨ ਆਇਆ ਹਾਂ) ਮੇਰੀ ਲਾਜ ਰੱਖੀਂ ॥੨॥੨॥
30041	694	ਨਾਮੁ ਤੇਰੋ ਆਰਤੀ ਮਜਨੁ ਮੁਰਾਰੇ॥	ਮੱਜਨੁ	Naam Thaero Aarathee Majan Muraarae ||	Your Name, Lord, is my adoration and cleansing bath.	ਹੇ ਪ੍ਰਭੂ! (ਅੰਞਾਣ ਲੋਕ ਮੂਰਤੀਆਂ ਦੀ ਆਰਤੀ ਕਰਦੇ ਹਨ, ਪਰ ਮੇਰੇ ਲਈ) ਤੇਰਾ ਨਾਮ (ਤੇਰੀ) ਆਰਤੀ ਹੈ, ਤੇ ਤੀਰਥਾਂ ਦਾ ਇਸ਼ਨਾਨ ਹੈ।
30042	694	ਹਰਿ ਕੇ ਨਾਮ ਬਿਨੁ ਝੂਠੇ ਸਗਲ ਪਾਸਾਰੇ॥੧॥ਰਹਾਉ॥		Har Kae Naam Bin Jhoothae Sagal Paasaarae ||1|| Rehaao ||	Without the Name of the Lord, all ostentatious displays are useless. ||1||Pause||	(ਹੇ ਭਾਈ!) ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਹੋਰ ਸਾਰੇ ਅਡੰਬਰ ਕੂੜੇ ਹਨ ॥੧॥ ਰਹਾਉ ॥

30043	694	ਨਾਮੁ ਤੇਰੋ ਆਸਨੋ ਨਾਮੁ ਤੇਰੋ ਉਰਸਾ ਨਾਮੁ ਤੇਰਾ ਕੇਸਰੋ ਲੇ ਛਿਟਕਾਰੇ॥	(ਆਸਨੋ) ਉਪਾਸਨਾ ਸਥਾਨ। (ਉਰਸਾ) ਚੰਦਨ ਰਗੜਨ ਵਾਲਾ ਪੱਥਰ	Naam Thaero Aasano Naam Thaero Ourasaa Naam Thaeraa Kaesaro Lae Shhittakaarae ||	Your Name is my prayer mat, and Your Name is the stone to grind the sandalwood. Your Name is the saffron which I take and sprinkle in offering to You.	ਤੇਰਾ ਨਾਮ (ਮੇਰੇ ਲਈ ਪੰਡਿਤ ਵਾਲਾ) ਆਸਨ ਹੈ (ਜਿਸ ਉੱਤੇ ਬੈਠ ਕੇ ਉਹ ਮੂਰਤੀ ਦੀ ਪੂਜਾ ਕਰਦਾ ਹੈ), ਤੇਰਾ ਨਾਮ ਹੀ (ਚੰਦਨ ਘਸਾਉਣ ਲਈ) ਸਿਲ ਹੈ, (ਮੂਰਤੀ ਪੂਜਣ ਵਾਲਾ ਮਨੁੱਖ ਸਿਰ ਉੱਤੇ ਕੇਸਰ ਘੋਲ ਕੇ ਮੂਰਤੀ ਉੱਤੇ) ਕੇਸਰ ਛਿੜਕਦਾ ਹੈ, ਪਰ ਮੇਰੇ ਲਈ ਤੇਰਾ ਨਾਮ ਹੀ ਕੇਸਰ ਹੈ।
30044	694	ਨਾਮੁ ਤੇਰਾ ਅੰਭੁਲਾ ਨਾਮੁ ਤੇਰੋ ਚੰਦਨੋ ਘਸਿ ਜਪੇ ਨਾਮੁ ਲੇ ਤੁਝਹਿ ਕਉ ਚਾਰੇ॥੧॥	(ਅੰਭੁਲਾ) ਜਲ। (ਚਾਰੇ) ਚਾੜ੍ਹਦੇ	Naam Thaeraa Anbhulaa Naam Thaero Chandhano Ghas Japae Naam Lae Thujhehi Ko Chaarae ||1||	Your Name is the water, and Your Name is the sandalwood. The chanting of Your Name is the grinding of the sandalwood. I take it and offer all this to You. ||1||	ਹੇ ਮੁਰਾਰਿ! ਤੇਰਾ ਨਾਮ ਹੀ ਪਾਣੀ ਹੈ, ਨਾਮ ਹੀ ਚੰਦਨ ਹੈ, (ਇਸ ਨਾਮ-ਚੰਦਨ ਨੂੰ ਨਾਮ-ਪਾਣੀ ਨਾਲ) ਘਸਾ ਕੇ, ਤੇਰੇ ਨਾਮ ਦਾ ਸਿਮਰਨ-ਰੂਪ ਚੰਦਨ ਹੀ ਮੈਂ ਤੇਰੇ ਉੱਤੇ ਲਾਉਂਦਾ ਹਾਂ ॥੧॥
30045	694	ਨਾਮੁ ਤੇਰਾ ਦੀਵਾ ਨਾਮੁ ਤੇਰੋ ਬਾਤੀ ਨਾਮੁ ਤੇਰੋ ਤੇਲੁ ਲੇ ਮਾਹਿ ਪਸਾਰੇ॥	(ਪਸਾਰੇ) ਪਾਇਆ	Naam Thaeraa Dheevaa Naam Thaero Baathee Naam Thaero Thael Lae Maahi Pasaarae ||	Your Name is the lamp, and Your Name is the wick. Your Name is the oil I pour into it.	ਹੇ ਪ੍ਰਭੂ! ਤੇਰਾ ਨਾਮ ਦੀਵਾ ਹੈ, ਨਾਮ ਹੀ (ਦੀਵੇ ਦੀ) ਵੱਟੀ ਹੈ, ਨਾਮ ਹੀ ਤੇਲ ਹੈ, ਜੋ ਲੈ ਕੇ ਮੈਂ (ਨਾਮ-ਦੀਵੇ ਵਿਚ) ਪਾਇਆ ਹੈ;

30046	694	ਨਾਮ ਤੇਰੇ ਕੀ ਜੋਤਿ ਲਗਾਈ ਭਇਓ ਉਜਿਆਰੋ ਭਵਨ ਸਗਲਾਰੇ॥੨॥		Naam Thaerae Kee Joth Lagaaee Bhaeiou Oujiaaro Bhavan Sagalaarae ||2||	Your Name is the light applied to this lamp, which enlightens and illuminates the entire world. ||2||	ਮੈਂ ਤੇਰੇ ਨਾਮ ਦੀ ਹੀ ਜੋਤਿ ਜਗਾਈ ਹੈ (ਜਿਸ ਦੀ ਬਰਕਤਿ ਨਾਲ) ਸਾਰੇ ਭਵਨਾਂ ਵਿਚ ਚਾਨਣ ਹੋ ਗਿਆ ਹੈ ॥੨॥
30047	694	ਨਾਮੁ ਤੇਰੋ ਤਾਗਾ ਨਾਮੁ ਫੂਲ ਮਾਲਾ ਭਾਰ ਅਠਾਰਹ ਸਗਲ ਜੂਠਾਰੇ॥	(ਭਾਰ ਅਠਾਰਹ) ਸਾਰੀ ਬਨਾਸਪਤੀ। (ਜੂਠਾਰੇ) ਜੂਠੇ	Naam Thaero Thaagaa Naam Fool Maalaa Bhaar Athaareh Sagal Joothaarae ||	Your Name is the thread, and Your Name is the garland of flowers. The eighteen loads of vegetation are all too impure to offer to You.	ਤੇਰਾ ਨਾਮ ਮੈਂ ਧਾਗਾ ਬਣਾਇਆ ਹੈ, ਨਾਮ ਨੂੰ ਹੀ ਮੈਂ ਫੁੱਲ ਤੇ ਫੁੱਲਾਂ ਦੀ ਮਾਲਾ ਬਣਾਇਆ ਹੈ, ਹੋਰ ਸਾਰੀ ਬਨਸਪਤੀ (ਜਿਸ ਤੋਂ ਲੋਕ ਫੁੱਲ ਲੈ ਕੇ ਮੂਰਤੀਆਂ ਅੱਗੇ ਭੇਟ ਧਰਦੇ ਹਨ; ਤੇਰੇ ਨਾਮ ਦੇ ਟਾਕਰੇ ਤੇ) ਜੂਠੀ ਹੈ।
30048	694	ਤੇਰੋ ਕੀਆ ਤੁਝਹਿ ਕਿਆ ਅਰਪਉ ਨਾਮੁ ਤੇਰਾ ਤੁਹੀ ਚਵਰ ਢੋਲਾਰੇ॥੩॥	ਦਾਸਨਦਾਸ ਆਪ ਜੀ ਦਾ (ਕੀਆ) ਪੈਦਾ ਕੀਤਾ ਜੰਤ ਅਤੇ ਆਪ ਜੀ ਦਾ ਪੈਦਾ ਕੀਤਾ ਚੰਦਨ ਆਪ ਜੀ ਕੀ ਅਰਪੇ। (ਢੋਲਾਰੇ) ਝੁਲਾਉਣਾ	Thaero Keeaa Thujhehi Kiaa Arapo Naam Thaeraa Thuhee Chavar Dtolaarae ||3||	Why should I offer to You, that which You Yourself created? Your Name is the fan, which I wave over You. ||3||	(ਇਹ ਸਾਰੀ ਕੁਦਰਤ ਤਾਂ ਤੇਰੀ ਬਣਾਈ ਹੋਈ ਹੈ) ਤੇਰੀ ਪੈਦਾ ਕੀਤੀ ਹੋਈ ਵਿਚੋਂ ਮੈਂ ਤੇਰੇ ਅੱਗੇ ਕੀਹ ਰੱਖਾਂ? (ਸੋ,) ਮੈਂ ਤੇਰਾ ਨਾਮ-ਰੂਪ ਚੌਰ ਹੀ ਤੇਰੇ ਉਤੇ ਝੁਲਾਉਂਦਾ ਹਾਂ। ਭਾਵ ਆਰਤੀ ਆਦਿਕ ਦੇ ਅਡੰਬਰ ਕੂੜੇ ਹਨ। ਸਿਮਰਨ ਹੀ ਜ਼ਿੰਦਗੀ ਦਾ ਸਹੀ ਰਸਤਾ ਹੈ ॥੩॥

30049	694	ਦਸ ਅਠਾ ਅਠਸਠੇ ਚਾਰੇ ਖਾਣੀ ਇਹੈ ਵਰਤਣਿ ਹੈ ਸਗਲ ਸੰਸਾਰੇ॥	(ਦਸ ਅੱਠਾ) ਅਠਾਰਾਂ ਪੁਰਾਣ। (ਅੱਠਸੱਠੇ) ਅਠਾਹਟ ਤੀਰਥ	Dhas Athaa Athasathae Chaarae Khaanee Eihai Varathan Hai Sagal Sansaarae ||	The whole world is engrossed in the eighteen Puraanas, the sixty-eight sacred shrines of pilgrimage, and the four sources of creation.	ਸਾਰੇ ਸੰਸਾਰ ਦੀ ਨਿੱਤ ਦੀ ਕਾਰ ਤਾਂ ਇਹ ਹੈ ਕਿ (ਤੇਰਾ ਨਾਮ ਭੁਲਾ ਕੇ) ਅਠਾਰਾਂ ਪੁਰਾਣਾਂ ਦੀਆਂ ਕਹਾਣੀਆਂ ਵਿਚ ਪਰਚੇ ਹੋਏ ਹਨ, ਅਠਾਹਠ ਤੀਰਥਾਂ ਦੇ ਇਸ਼ਨਾਨ ਨੂੰ ਹੀ ਪੁੰਨ-ਕਰਮ ਸਮਝ ਬੈਠੇ ਹਨ, ਤੇ, ਇਸ ਤਰ੍ਹਾਂ ਚਾਰ ਖਾਣੀਆਂ ਦੀਆਂ ਜੂਨਾਂ ਵਿਚ ਭਟਕ ਰਹੇ ਹਨ।
30050	694	ਕਹੈ ਰਵਿਦਾਸੁ ਨਾਮੁ ਤੇਰੋ ਆਰਤੀ ਸਤਿਨਾਮੁ ਹੈ ਹਰਿ ਭੋਗ ਤੁਹਾਰੇ॥੪॥੩॥		Kehai Ravidhaas Naam Thaero Aarathee Sath Naam Hai Har Bhog Thuhaarae ||4||3||	Says Ravi Daas, Your Name is my Aartee, my lamp-lit worship-service. The True Name, Sat Naam, is the food which I offer to You. ||4||3||	ਰਵਿਦਾਸ ਆਖਦਾ ਹੈ-ਹੇ ਪ੍ਰਭੂ! ਤੇਰਾ ਨਾਮ ਹੀ (ਮੇਰੇ ਲਈ) ਤੇਰੀ ਆਰਤੀ ਹੈ ਤੇਰੇ ਸਦਾ ਕਾਇਮ ਰਹਿਣ ਵਾਲੇ ਨਾਮ ਦਾ ਹੀ ਭੋਗ ਮੈਂ ਤੈਨੂੰ ਲਾਉਂਦਾ ਹਾਂ ॥੪॥੩॥
30051	695	ਧਨਾਸਰੀ ਬਾਣੀ ਭਗਤਾਂ ਕੀ ਤ੍ਰਿਲੋਚਨ		Dhhanaasaree Baanee Bhagathaan Kee Thrilochana	Dhanaasaree, The Word Of Devotee Trilochan Jee:	ਰਾਗ ਧਨਾਸਰੀ ਵਿੱਚ ਭਗਤ ਤ੍ਰਿਲੋਚਨ ਜੀ ਦੀ ਬਾਣੀ।
30052	695	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

30053	695	ਨਾਰਾਇਣ ਨਿੰਦਸਿ ਕਾਇ ਭੂਲੀ ਗਵਾਰੀ॥	(ਗਵਾਰੀ) ਬੇਸਮਝ	Naaraaein Nindhas Kaae Bhoolee Gavaaree ||	Why do you slander the Lord? You are ignorant and deluded.	ਹੇ ਭੁੱਲੜ ਮੂਰਖ ਜਿੰਦੇ! ਤੂੰ ਪਰਮਾਤਮਾ ਨੂੰ ਕਿਉਂ ਦੋਸ ਦੇਂਦੀ ਹੈਂ?
30054	695	ਦੁਕ੍ਰਿਤੁ ਸੁਕ੍ਰਿਤੁ ਥਾਰੋ ਕਰਮੁ ਰੀ॥੧॥ਰਹਾਉ॥	(ਦੁ-ਕ੍ਰਿਤੁ) ਪਾਪ। (ਸੁ-ਕ੍ਰਿਤੁ) ਪੁੰਨ। (ਥਾਰੋ) ਤੇਰਾ	Dhukirath Sukirath Thhaaro Karam Ree ||1|| Rehaao ||	Pain and pleasure are the result of your own actions. ||1||Pause||	ਪਾਪ ਪੁੰਨ ਤੇਰਾ ਆਪਣਾ ਕੀਤਾ ਹੋਇਆ ਕੰਮ ਹੈ (ਜਿਸ ਦੇ ਕਾਰਨ ਦੁੱਖ ਸੁਖ ਸਹਾਰਨਾ ਪੈਂਦਾ ਹੈ) ॥੧॥ ਰਹਾਉ ॥
30055	695	ਸੰਕਰਾ ਮਸਤਕਿ ਬਸਤਾ ਸੁਰਸਰੀ ਇਸਨਾਨ ਰੇ॥	(ਸੰਕਰਾ) ਸ਼ਿਵਜੀ। (ਸੁਰਸੁਰੀ) ਗੰਗਾ	Sankaraa Masathak Basathaa Surasaree Eisanaan Rae ||	The moon dwells in Shiva's forehead; it takes its cleansing bath in the Ganges.	(ਹੇ ਮੇਰੀ ਜਿੰਦੇ! ਦੇਖ ਚੰਦ੍ਰਮਾ) ਭਾਵੇਂ ਸ਼ਿਵ ਜੀ ਦੇ ਮੱਥੇ ਉੱਤੇ ਵੱਸਦਾ ਹੈ, ਨਿੱਤ ਗੰਗਾ ਵਿਚ ਇਸ਼ਨਾਨ ਕਰਦਾ ਹੈ,
30056	695	ਕੁਲ ਜਨ ਮਧੇ ਮਿਲਿਓ ਸਾਰਗਪਾਨ ਰੇ॥	ਮਿਲਿਓ, ਸਾਰਗ-ਪਾਨ	Kul Jan Madhhae Miliyo Saarag Paan Rae ||	Among the men of the moon's family, Krishna was born;	ਤੇ ਉਸੇ ਦੀ ਕੁਲ ਵਿਚ ਵਿਸ਼ਨੂ ਜੀ ਨੇ (ਕ੍ਰਿਸ਼ਨ-ਰੂਪ ਧਾਰ ਕੇ) ਜਨਮ ਲਿਆ।
30057	695	ਕਰਮ ਕਰਿ ਕਲੰਕੁ ਮਫੀਟਸਿ ਰੀ॥੧॥	(ਮਫੀਟਸਿ) ਅਮੇਟ ਰਿਹਾ	Karam Kar Kalank Mafeettas Ree ||1||	Even so, the stains from its past actions remain on the moon's face. ||1||	ਆਪਣੇ ਕੀਤੇ ਕਰਮਾਂ ਦੇ ਕਾਰਨ (ਚੰਦ੍ਰਮਾ ਦਾ) ਦਾਗ਼ ਨਾਹ ਹਟ ਸਕਿਆ ॥੧॥

30058	695	ਬਿਸ੍ਵ ਕਾ ਦੀਪਕੁ ਸ੍ਵਾਮੀ ਤਾ ਚੇ ਰੇ ਸੁਆਰਥੀ ਪੰਖੀ ਰਾਇ ਗਰੁੜ ਤਾ ਚੇ ਬਾਧਵਾ॥	(ਬਿਸ੍ਵ) ਸੰਸਾਰ। (ਤਾ) ਤਿਸ। (ਚੇ) ਦੇ। ਆਪਣਾ (ਸੁਆਰਥੀ) ਰਥਵਾਹੀ। (ਬਾਧਵਾ) ਸਬੰਧੀ ਭਾਈ। ਬਿਸ੍ਵ: ਅੱਧਾ ਵਾਵਾ ਪੋਲਾ ਬੋਲੋ, ਪੂਰਾ ਵਾਵਾ ਭਰਵਾਂ ਬੋਲੀਦਾ ਹੈ।ਸ੍ਵਾਮੀ: ਸੁਆਮੀ	Bisv Kaa Dheepak Svaamee Thaa Chae Rae Suaarathhee Pankhee Raae Garurr Thaa Chae Baadhhavaa ||	Aruna was a charioteer; his master was the sun, the lamp of the world. His brother was Garuda, the king of birds;	(ਫਿਰ ਅਰੁਣ ਦੀ ਮਿਸਾਲ ਦੇਖ!) ਭਾਵੇਂ ਸਾਰੇ ਜਗਤ ਨੂੰ ਚਾਨਣ ਦੇਣ ਵਾਲਾ ਸੂਰਜ ਉਸ ਦਾ ਸੁਆਮੀ ਹੈ, ਉਸ ਸੂਰਜ ਦਾ ਉਹ ਰਥਵਾਹੀ ਹੈ, ਤੇ, ਪੰਛੀਆਂ ਦਾ ਰਾਜਾ ਗਰੁੜ ਉਸ ਦਾ ਰਿਸ਼ਤੇਦਾਰ ਹੈ,
30059	695	ਕਰਮ ਕਰਿ ਅਰੁਣ ਪਿੰਗੁਲਾ ਰੀ॥੨॥		Karam Kar Arun Pingulaa Ree ||2||	And yet, Aruna was made a cripple, because of the karma of his past actions. ||2||	(ਹੇ ਘਰ-ਗੇਹਣਿ!) ਆਪਣੇ ਕਰਮਾਂ ਕਰਕੇ ਅਰੁਣ ਪਿੰਗਲਾ ਹੀ ਰਿਹਾ ॥੨॥
30060	695	ਅਨਿਕ ਪਾਤਿਕ ਹਰਤਾ ਤ੍ਰਿਭਵਣ ਨਾਥੁ ਰੀ	(ਪਾਤਿਕ) ਪਾਪ ਹਰਤਾ ਸ਼ਿਵਜੀ	Anik Paathik Harathaa Thribhavan Naathh Ree ||	Shiva, the destroyer of countless sins, the Lord and Master of the three worlds,	(ਦੇਖ!) ਭਾਵੇਂ (ਸ਼ਿਵ ਜੀ) ਸਾਰੇ ਜਗਤ ਦਾ ਨਾਥ (ਸਮਝਿਆ ਜਾਂਦਾ) ਹੈ, (ਹੋਰ ਜੀਵਾਂ ਦੇ) ਅਨੇਕਾਂ ਪਾਪਾਂ ਦਾ ਨਾਸ ਕਰਨ ਵਾਲਾ ਹੈ।
30061	695	ਤੀਰਥਿ ਤੀਰਥਿ ਭ੍ਰਮਤਾ ਲਹੈ ਨ ਪਾਰੁ ਰੀ॥		Theerathh Theerathh Bhramathaa Lehai N Paar Ree ||	wandered from sacred shrine to sacred shrine; he never found an end to them.	ਪਰ ਉਹ ਹਰੇਕ ਤੀਰਥ ਉੱਤੇ ਭਟਕਦਾ ਫਿਰਿਆ, ਤਾਂ ਭੀ (ਉਸ ਖੋਪਰੀ ਤੋਂ) ਖ਼ਲਾਸੀ ਨਹੀਂ ਸੀ ਹੁੰਦੀ।

30062	695	ਕਰਮ ਕਰਿ ਕਪਾਲੁ ਮਫੀਟਸਿ ਰੀ॥੩॥	(ਕਪਾਲੁ) ਖੋਪਰੀ। (ਮਫੀਟਸਿ) ਅਮਿਟ	Karam Kar Kapaal Mafeettas Ree ||3||	And yet, he could not erase the karma of cutting off Brahma's head. ||3||	(ਬ੍ਰਹਮ-ਹੱਤਿਆ ਦੇ) ਕੀਤੇ ਕਰਮ ਅਨੁਸਾਰ (ਸ਼ਿਵ ਜੀ ਦੇ ਹੱਥ ਨਾਲੋਂ) ਖੋਪਰੀ ਨਾਹ ਲਹਿ ਸਕੀ ॥੩॥
30063	695	ਅੰਮ੍ਰਿਤ ਸਸੀਅ ਧੇਨ ਲਛਿਮੀ ਕਲਪਤਰ ਸਿਖਰਿ ਸੁਨਾਗਰ ਨਦੀ ਚੇ ਨਾਥੰ॥	(ਸਸੀਅ) ਚੰਦ੍ਰਮਾ। (ਧੇਨ) ਕਾਮਧੇਨ। (ਸਿਖਰਿ) ਉੱਚਸ੍ਰਵਾ ਘੋੜਾ। (ਸੁਨਾਗਰ) ਚਤਰ ਧਨੰਤਰ ਵੈਦ। (ਨਾਥੰ) ਸਮੁੰਦ੍ਰ	Anmrith Saseea Dhhaen Lashhimee Kalapathar Sikhar Sunaagar Nadhee Chae Naathhan ||	Through the nectar, the moon, the wish-fulfilling cow, Lakshmi, the miraculous tree of life, Sikhar the sun's horse, and Dhanavantar the wise physician - all arose from the ocean, the lord of rivers;	(ਫਿਰ ਦੇਖ! ਸਮੁੰਦ੍ਰ) ਭਾਵੇਂ ਸਾਰੀਆਂ ਨਦੀਆਂ ਦਾ ਨਾਥ ਹੈ ਤੇ ਉਸ ਵਿਚੋਂ ਅੰਮ੍ਰਿਤ, ਚੰਦ੍ਰਮਾ, ਕਾਮਧੇਨ, ਲੱਛਮੀ, ਕਲਪ-ਰੁੱਖ, ਸੱਤ-ਮੂੰਹਾ ਘੋੜਾ, ਧਨੰਤਰੀ ਵੈਦ (ਆਦਿਕ ਚੌਦਾਂ ਰਤਨ) ਨਿਕਲੇ ਸਨ,
30064	695	ਕਰਮ ਕਰਿ ਖਾਰੁ ਮਫੀਟਸਿ ਰੀ॥੪॥	ਸਮੁੰਦ੍ਰ ਦਾ (ਖਾਰੁ) ਖਾਰਾਪਨ	Karam Kar Khaar Mafeettas Ree ||4||	And yet, because of its karma, its saltiness has not left it. ||4||	(ਪਰ ਹੇ ਮੇਰੀ ਜਿੰਦੇ!) ਆਪਣੇ ਕੀਤੇ (ਮੰਦ-ਕਰਮ) ਅਨੁਸਾਰ (ਸਮੁੰਦਰ ਦਾ) ਖਾਰਾ-ਪਨ ਨਹੀਂ ਹਟ ਸਕਿਆ ॥੪॥

30065	695	ਦਾਧੀਲੇ ਲੰਕਾ ਗੜੁ ਉਪਾੜੀਲੇ ਰਾਵਣ ਬਣੁ ਸਲਿ ਬਿਸਲਿ ਆਣਿ ਤੋਖੀਲੇ ਹਰੀ॥	(ਦਾਧੀ-ਲੇ) ਸਾੜਿਆ। (ਉਪਾੜੀਲੇ) ਪੱਟਿਆ। ਰਾਵਣ ਦੇ ਅਸ਼ੋਕ (ਬਣੁ) ਬਾਗ ਨੂੰ। (ਸੱਲਿ) ਦੁੱਖ ਤੋਂ ਰਹਿਤ ਕਰਣ ਵਾਲੀ (ਬਿਸੱਲਿ) ਸੰਜੀਵਨੀ ਬੂਟੀ। (ਤੋਖੀਲੇ) ਪ੍ਰਸੰਨ ਕੀਤਾ। (ਹਰੀ) ਸ੍ਰੀ ਰਾਮਚੰਦ੍ਰ ਜੀ ਨੂੰ। ਗੜੁ।ਉਪਾੜੀ-ਲੇ । ਸੱਲਿ।ਬਿ-ਸੱਲਿ।ਤੋਖੀ-ਲੇ	Dhaadhheelae Lankaa Garr Oupaarreelae Raavan Ban Sal Bisal Aan Thokheelae Haree ||	Hanuman burnt the fortress of Sri Lanka, uprooted the garden of Raawan, and brought healing herbs for the wounds of Lachhman, pleasing Lord Raamaa;	(ਹਨੂੰਮਾਨ) ਨੇ (ਸ੍ਰੀ ਰਾਮ ਚੰਦ੍ਰ ਜੀ ਦੀ ਖ਼ਾਤਰ) ਲੰਕਾ ਦਾ ਕਿਲ੍ਹਾ ਸਾੜਿਆ, ਰਾਵਣ ਦਾ ਬਾਗ਼ ਉਜਾੜ ਦਿੱਤਾ, ਸੱਲ ਦੂਰ ਕਰਨ ਵਾਲੀ ਬੂਟੀ ਲਿਆ ਕੇ ਰਾਮ ਚੰਦ੍ਰ ਜੀ ਨੂੰ ਪ੍ਰਸੰਨ ਹੀ ਕੀਤਾ,
30066	695	ਕਰਮ ਕਰਿ ਕਛਉਟੀ ਮਫੀਟਸਿ ਰੀ॥੫॥	ਸਾਧੂਆਂ ਦੇ ਬਸਤ੍ਰਉਤਾਰਨ ਦਾ ਕਰਮ ਕਰਨੇ ਕਰਕੇ, ਹਨੂੰਮਾਨ ਨੂੰ ਕਛਉਟੀ ਕੱਛ ਮਿਲੀ। ਇਹ (ਮਫੀਟਸਿ) ਅਮੇਟ ਰਹੀ	Karam Kar Kashhouttee Mafeettas Ree ||5||	And yet, because of his karma, he could not be rid of his loin cloth. ||5||	(ਪਰ ਹੇ ਘਰ-ਗੇਹਣਿ!) ਆਪਣੇ ਕੀਤੇ ਕਰਮਾਂ ਦੇ ਅਧੀਨ (ਹਨੂਮਾਨ ਦੇ ਭਾਗਾਂ ਵਿਚੋਂ) ਉਸ ਦੀ ਨਿੱਕੀ ਜਹੀ ਕੱਛ ਨਾਹ ਹਟ ਸਕੀ ॥੫॥
30067	695	ਪੂਰਬਲੋ ਕ੍ਰਿਤ ਕਰਮੁ ਨ ਮਿਟੈ ਰੀ ਘਰ ਗੇਹਣਿ ਤਾ ਚੇ ਮੋਹਿ ਜਾਪੀਅਲੇ ਰਾਮ ਚੇ ਨਾਮੰ॥	(ਰੀ) ਹੇ। (ਗੇਹਣਿ) ਇਸਤ੍ਰੀ। (ਤਾ) ਤਿਸ। (ਚੇ) ਲਈ, (ਚੇ) ਦੇ (ਨਾਮੰ) ਨਾਮ ਨੂੰ	Poorabalo Kirath Karam N Mittai Ree Ghar Gaehan Thaa Chae Mohi Jaapeealae Raam Chae Naaman ||	The karma of past actions cannot be erased, O wife of my house; this is why I chant the Name of the Lord.	ਹੇ ਮੇਰੀ ਜਿੰਦੇ! ਪਿਛਲਾ ਕੀਤਾ ਕੋਈ ਕਰਮ (ਅਵਤਾਰ-ਪੂਜਾ, ਤੀਰਥ-ਇਸ਼ਨਾਨ ਆਦਿਕ ਦੀ ਰਾਹੀਂ) ਮਿਟਦਾ ਨਹੀਂ; ਤਾਹੀਏਂ ਮੈਂ ਤਾਂ ਪਰਮਾਤਮਾ ਦਾ ਨਾਮ ਹੀ ਸਿਮਰਦਾ ਹਾਂ।

30068	695	ਬਦਤਿ ਤ੍ਰਿਲੋਚਨ ਰਾਮ ਜੀ॥੬॥੧॥		Badhath Thrilochan Raam Jee ||6||1||	So prays Trilochan, Dear Lord. ||6||1||	ਤ੍ਰਿਲੋਚਨ ਆਖਦਾ ਹੈ ਕਿ ਮੈਂ ਤਾਂ 'ਰਾਮ ਰਾਮ' ਹੀ ਜਪਦਾ ਹਾਂ (ਭਾਵ, ਪਰਮਾਤਮਾ ਦੀ ਓਟ ਹੀ ਲੈਂਦਾ ਹਾਂ ਤੇ ਆਪਣੇ ਕਿਸੇ ਕੀਤੇ ਕਰਮ ਕਰ ਕੇ ਆਏ ਦੁੱਖ ਤੋਂ ਪ੍ਰਭੂ ਨੂੰ ਦੋਸ ਨਹੀਂ ਦੇਂਦਾ) ॥੬॥੧॥
30069	695	ਸ੍ਰੀ ਸੈਣੁ॥		Sree Sain ||	Sri Sain:	
30070	695	ਧੂਪ ਦੀਪ ਘ੍ਰਿਤ ਸਾਜਿ ਆਰਤੀ॥	(ਘ੍ਰਿਤ) ਘਿਉ	Dhhoop Dheep Ghrith Saaj Aarathee ||	With incense, lamps and ghee, I offer this lamp-lit worship service.	(ਤੈਥੋਂ ਸਦਕੇ ਜਾਣਾ ਹੀ) ਧੂਪ ਦੀਵੇ ਤੇ ਘਿਉ (ਆਦਿਕ) ਸਮੱਗ੍ਰੀ ਇਕੱਠੇ ਕਰ ਕੇ ਤੇਰੀ ਆਰਤੀ ਕਰਨੀ ਹੈ।
30071	695	ਵਾਰਨੇ ਜਾਉ ਕਮਲਾ ਪਤੀ॥੧॥	(ਕਮਲਾ ਪਤੀ) ਪ੍ਰਮਾਤਮਾ	Vaaranae Jaao Kamalaa Pathee ||1||	I am a sacrifice to the Lord of Lakshmi. ||1||	ਹੇ ਮਾਇਆ ਦੇ ਮਾਲਕ ਪ੍ਰਭੂ! ਮੈਂ ਤੈਥੋਂ ਸਦਕੇ ਜਾਂਦਾ ਹਾਂ ॥੧॥
30072	695	ਮੰਗਲਾ ਹਰਿ ਮੰਗਲਾ॥		Mangalaa Har Mangalaa ||	Hail to You, Lord, hail to You!	ਹੇ ਹਰੀ! ਹੇ ਰਾਜਨ!
30073	695	ਨਿਤ ਮੰਗਲੁ ਰਾਜਾਰਾਮ ਰਾਇ ਕੋ॥੧॥ਰਹਾਉ॥		Nith Mangal Raajaa Raam Raae Ko ||1|| Rehaao ||	Again and again, hail to You, Lord King, Ruler of all! ||1||Pause||	ਹੇ ਰਾਮ! ਤੇਰੀ ਮਿਹਰ ਨਾਲ (ਮੇਰੇ ਅੰਦਰ) ਸਦਾ (ਤੇਰੇ ਨਾਮ-ਸਿਮਰਨ ਦਾ) ਅਨੰਦ ਮੰਗਲ ਹੋ ਰਿਹਾ ਹੈ ॥੧॥ ਰਹਾਉ ॥
30074	695	ਊਤਮੁ ਦੀਅਰਾ ਨਿਰਮਲ ਬਾਤੀ॥		Ootham Dheearaa Niramal Baathee ||	Sublime is the lamp, and pure is the wick.	(ਆਰਤੀ ਕਰਨ ਲਈ) ਸੋਹਣਾ ਚੰਗਾ ਦੀਵਾ ਤੇ ਸਾਫ਼ ਸੁਥਰੀ ਵੱਟੀ ਵੀ-

30075	695	ਤੁਹੀ ਨਿਰੰਜਨੁ ਕਮਲਾ ਪਾਤੀ॥੨॥		Thuhanaee Niranjan Kamalaa Paathee ||2||	You are immaculate and pure, O Brilliant Lord of Wealth! ||2||	ਹੇ ਕਮਲਾਪਤੀ! ਹੇ ਨਿਰੰਜਨ! ਮੇਰੇ ਲਈ ਤੂੰ ਹੀ ਹੈਂ ॥੨॥
30076	695	ਰਾਮਾ ਭਗਤਿ ਰਾਮਾਨੰਦੁ ਜਾਨੈ॥		Raamaa Bhagath Raamaanandh Jaanai ||	Raamaanand knows the devotional worship of the Lord.	ਉਹ ਮਨੁੱਖ ਪ੍ਰਭੂ ਦੀ ਭਗਤੀ ਦੀ ਬਰਕਤਿ ਨਾਲ ਉਸ ਦੇ ਮਿਲਾਪ ਦਾ ਆਨੰਦ ਮਾਣਦਾ ਹੈ,
30077	695	ਪੂਰਨ ਪਰਮਾਨੰਦੁ ਬਖਾਨੈ॥੩॥		Pooran Paramaanandh Bakhaanai ||3||	He says that the Lord is all-pervading, the embodiment of supreme joy. ||3||	ਜੋ ਸਰਬ-ਵਿਆਪਕ ਪਰਮ ਆਨੰਦ-ਰੂਪ ਪ੍ਰਭੂ ਦੇ ਗੁਣ ਗਾਂਦਾ ਹੈ ॥੩॥
30078	695	ਮਦਨ ਮੂਰਤਿ ਭੈ ਤਾਰਿ ਗੋਬਿੰਦੇ॥		Madhan Moorath Bhai Thaar Gobindhae ||	The Lord of the world, of wondrous form, has carried me across the terrifying world-ocean.	ਜੋ ਪਰਮਾਤਮਾ ਸੋਹਣੇ ਸਰੂਪ ਵਾਲਾ ਹੈ, ਜੋ (ਸੰਸਾਰ ਦੇ) ਡਰਾਂ ਤੋਂ ਪਾਰ ਲੰਘਾਣ ਵਾਲਾ ਹੈ ਤੇ ਜੋ ਸ੍ਰਿਸ਼ਟੀ ਦੀ ਸਾਰ ਲੈਣ ਵਾਲਾ ਹੈ,
30079	695	ਸੈਣੁ ਭਣੈ ਭਜੁ ਪਰਮਾਨੰਦੇ॥੪॥੨॥		Sain Bhanai Bhaj Paramaanandhae ||4||2||	Says Sain, remember the Lord, the embodiment of supreme joy! ||4||2||	ਸੈਣ ਆਖਦਾ ਹੈ-(ਹੇ ਮੇਰੇ ਮਨ!) ਉਸ ਪਰਮ-ਆਨੰਦ ਪਰਮਾਤਮਾ ਦਾ ਸਿਮਰਨ ਕਰ ॥੪॥੨॥
30080	695	ਪੀਪਾ॥	(ਕਾਯਉ) ਸ਼੍ਰੀਰ। (ਦੇਵਲ) ਮੰਦਰ	Peepaa ||	Peepaa:	

30081	695	ਕਾਯਉ ਦੇਵਾ ਕਾਇਅਉ ਦੇਵਲ ਕਾਇਅਉ ਜੰਗਮ ਜਾਤੀ॥		Kaayo Dhaevaa Kaaeiao Dhaeval Kaaeiao Jangam Jaathee ||	Within the body, the Divine Lord is embodied. The body is the temple, the place of pilgrimage, and the pilgrim.	(ਸੋ) ਕਾਇਆਂ (ਦੀ ਖੋਜ) ਹੀ ਮੇਰਾ ਦੇਵਤਾ ਹੈ (ਜਿਸ ਦੀ ਮੈਂ ਆਰਤੀ ਕਰਨੀ ਹੈ), ਸਰੀਰ (ਦੀ ਖੋਜ) ਹੀ ਮੇਰਾ ਮੰਦਰ ਹੈ (ਜਿਥੇ ਮੈਂ ਸਰੀਰ ਅੰਦਰ ਵੱਸਦੇ ਪ੍ਰਭੂ ਦੀ ਆਰਤੀ ਕਰਦਾ ਹਾਂ), ਕਾਇਆਂ (ਦੀ ਖੋਜ) ਹੀ ਮੈਂ ਜੰਗਮ ਅਤੇ ਜਾਤ੍ਰੂ ਲਈ (ਤੀਰਥ ਦੀ ਜਾਤ੍ਰਾ ਹੈ)।
30082	695	ਕਾਇਅਉ ਧੂਪ ਦੀਪ ਨਈਬੇਦਾ ਕਾਇਅਉ ਪੂਜਉ ਪਾਤੀ॥੧॥	(ਕਾਇਅਉ) ਕਿਸ ਲਈ। (ਨਈਬੇਦਾ) ਮਿਠੇ ਭੋਜਨ। (ਪਾਤੀ) ਪੱਤਲਾਂ	Kaaeiao Dhhoop Dheep Neebaedhaa Kaaeiao Poojo Paathee ||1||	Within the body are incense, lamps and offerings. Within the body are the flower offerings. ||1||	ਸਰੀਰ (ਦੀ ਖੋਜ) ਹੀ (ਮੇਰੇ ਵਾਸਤੇ ਮੇਰੇ ਅੰਦਰ ਵੱਸਦੇ ਦੇਵਤੇ ਲਈ) ਧੂਪ ਦੀਪ ਤੇ ਨੈਵੇਦ ਹੈ, ਕਾਇਆ ਦੀ ਖੋਜ (ਕਰ ਕੇ) ਹੀ, ਮੈਂ ਮਾਨੋ, ਪੱਤਰ ਭੇਟ ਰੱਖ ਕੇ (ਆਪਣੇ ਅੰਦਰ ਵੱਸਦੇ ਇਸ਼ਟ ਦੇਵ ਦੀ) ਪੂਜਾ ਕਰ ਰਿਹਾ ਹਾਂ ॥੧॥
30083	695	ਕਾਇਆ ਬਹੁ ਖੰਡ ਖੋਜਤੇ ਨਵ ਨਿਧਿ ਪਾਈ॥		Kaaeiaa Bahu Khandd Khojathae Nav Nidhh Paaee ||	I searched throughout many realms, but I found the nine treasures within the body.	ਦੇਸ ਦੇਸਾਂਤਰਾਂ ਨੂੰ ਖੋਜ ਕੇ (ਆਖ਼ਰ ਆਪਣੇ) ਸਰੀਰ ਦੇ ਅੰਦਰ ਹੀ ਮੈਂ ਪ੍ਰਭੂ ਦਾ ਨਾਮ-ਰੂਪ ਨੌ ਨਿਧੀ ਲੱਭ ਲਈ ਹੈ,

30084	695	ਨਾ ਕਛੁ ਆਇਬੋ ਨਾ ਕਛੁ ਜਾਇਬੋ ਰਾਮ ਕੀ ਦੁਹਾਈ॥੧॥ਰਹਾਉ॥		Naa Kashh Aaeibo Naa Kashh Jaaeibo Raam Kee Dhuhaaee ||1|| Rehaao ||	Nothing comes, and nothing goes; I pray to the Lord for Mercy. ||1||Pause||	(ਹੁਣ ਮੇਰੀ ਕਾਇਆਂ ਵਿਚ) ਪਰਮਾਤਮਾ (ਦੀ ਯਾਦ) ਦਾ ਹੀ ਤੇਜ-ਪ੍ਰਤਾਪ ਹੈ, (ਉਸ ਦੀ ਬਰਕਤਿ ਨਾਲ ਮੇਰੇ ਲਈ) ਨਾ ਕੁਝ ਜੰਮਦਾ ਹੈ ਨਾਹ ਮਰਦਾ ਹੈ (ਭਾਵ, ਮੇਰਾ ਜਨਮ ਮਰਨ ਮਿਟ ਗਿਆ ਹੈ) ॥੧॥ ਰਹਾਉ ॥
30085	695	ਜੋ ਬ੍ਰਹਮੰਡੇ ਸੋਈ ਪਿੰਡੇ ਜੋ ਖੋਜੈ ਸੋ ਪਾਵੈ॥		Jo Brehamanddae Soee Pinddae Jo Khojai So Paavai ||	The One who pervades the Universe also dwells in the body; whoever seeks Him, finds Him there.	ਜੋ ਸ੍ਰਿਸ਼ਟੀ ਦਾ ਰਚਣਹਾਰ ਪਰਮਾਤਮਾ ਸਾਰੇ ਬ੍ਰਹਮੰਡ ਵਿਚ (ਵਿਆਪਕ) ਹੈ ਉਹੀ (ਮਨੁੱਖਾ) ਸਰੀਰ ਵਿਚ ਹੈ, ਜੋ ਮਨੁੱਖ ਖੋਜ ਕਰਦਾ ਹੈ ਉਹ ਉਸ ਨੂੰ ਲੱਭ ਲੈਂਦਾ ਹੈ,
30086	695	ਪੀਪਾ ਪ੍ਰਣਵੈ ਪਰਮ ਤਤੁ ਹੈ ਸਤਿਗੁਰੁ ਹੋਇ ਲਖਾਵੈ॥੨॥੩॥		Peepaa Pranavai Param Thath Hai Sathigur Hoe Lakhaavai ||2||3||	Peepaa prays, the Lord is the supreme essence; He reveals Himself through the True Guru. ||2||3||	ਪੀਪਾ ਬੇਨਤੀ ਕਰਦਾ ਹੈ- ਜੇ ਸਤਿਗੁਰੂ ਮਿਲ ਪਏ ਤਾਂ ਉਹ (ਅੰਦਰ ਹੀ) ਸਭ ਤੋਂ ਵੱਡੀ ਅਸਲੀਅਤ, ਪਰਲੇ ਤੋਂ ਪਰਲਾ ਤੱਤ, ਸ੍ਰਿਸ਼ਟੀ ਦੇ ਅਸਲ ਸੋਮੇ ਦਾ ਦਰਸ਼ਨ ਕਰਾ ਦੇਂਦਾ ਹੈ ॥੨॥੩॥
30087	695	ਧੰਨਾ॥	ਭਗਤ ਧੰਨਾ ਜੀ ਅਕਾਲ ਪੁਰਖ ਜੀ ਤੋਂ ਸਾਧਸੰਗਤ ਜੀ ਦੀ ਸੇਵਾ ਲਈ ਲੋੜੀਂਦੀਆਂ ਵਸਤੂਆਂ ਮੰਗਦੇ ਹਨ	Dhhannaa ||	Dhannaa:	

30088	695	ਗੋਪਾਲ ਤੇਰਾ ਆਰਤਾ॥		Gopaal Thaeraa Aarathaa ||	O Lord of the world, this is Your lamp-lit worship service.	ਹੇ ਪ੍ਰਿਥਵੀ ਦੇ ਪਾਲਣ ਵਾਲੇ ਪ੍ਰਭੂ! ਮੈਂ ਤੇਰੇ ਦਰ ਦਾ ਮੰਗਤਾ ਹਾਂ (ਮੇਰੀਆਂ ਲੋੜਾਂ ਪੂਰੀਆਂ ਕਰ);
30089	695	ਜੋ ਜਨ ਤੁਮਰੀ ਭਗਤਿ ਕਰੰਤੇ ਤਿਨ ਕੇ ਕਾਜ ਸਵਾਰਤਾ॥੧॥ਰਹਾਉ ॥		Jo Jan Thumaree Bhagath Karanthae Thin Kae Kaaj Savaarathaa ||1|| Rehaao ||	You are the Arranger of the affairs of those humble beings who perform Your devotional worship service. ||1||Pause||	ਜੋ ਜੋ ਮਨੁੱਖ ਤੇਰੀ ਭਗਤੀ ਕਰਦੇ ਹਨ ਤੂੰ ਉਹਨਾਂ ਦੇ ਕੰਮ ਸਿਰੇ ਚਾੜ੍ਹਦਾ ਹੈਂ ॥੧॥ ਰਹਾਉ ॥
30090	695	ਦਾਲਿ ਸੀਧਾ ਮਾਗਉ ਘੀਉ॥		Dhaal Seedhhaa Maago Gheeo ||	Lentils, flour and ghee - these things, I beg of You.	ਮੈਂ (ਤੇਰੇ ਦਰ ਤੋਂ) ਦਾਲ, ਆਟਾ ਤੇ ਘਿਉ ਮੰਗਦਾ ਹਾਂ,
30091	695	ਹਮਰਾ ਖੁਸੀ ਕਰੈ ਨਿਤ ਜੀਉ॥		Hamaraa Khusee Karai Nith Jeeo ||	My mind shall ever be pleased.	ਜੋ ਮੇਰੀ ਜਿੰਦ ਨੂੰ ਨਿੱਤ ਸੁਖੀ ਰੱਖੇ,
30092	695	ਪਨ੍ਹੀਆ ਛਾਦਨੁ ਨੀਕਾ॥		Panheeaa Shhaadhan Neekaa ||	Shoes, fine clothes,	ਜੁੱਤੀ ਤੇ ਸੋਹਣਾ ਕੱਪੜਾ ਭੀ ਮੰਗਦਾ ਹਾਂ,
30093	695	ਅਨਾਜੁ ਮਗਉ ਸਤ ਸੀਕਾ॥੧॥	ਸੱਤ ਵਾਰੀ (ਸੀੱਕਾ) ਸਿਆੜ ਕੱਢੇ ਹੋਣ	Anaaj Mago Sath See Kaa ||1||	And grain of seven kinds - I beg of You. ||1||	ਤੇ ਸੱਤਾਂ ਸੀਆਂ ਦਾ ਅੰਨ ਭੀ (ਤੈਥੋਂ ਹੀ) ਮੰਗਦਾ ਹਾਂ ॥੧॥
30094	695	ਗਊ ਭੈਸ ਮਗਉ ਲਾਵੇਰੀ॥		Goo Bhais Mago Laavaeree ||	A milk cow, and a water buffalo, I beg of You,	ਹੇ ਗੋਪਾਲ! ਮੈਂ ਗਾਂ ਮਹਿੰ ਲਵੇਰੀ (ਭੀ) ਮੰਗਦਾ ਹਾਂ,
30095	695	ਇਕ ਤਾਜਨਿ ਤੁਰੀ ਚੰਗੇਰੀ॥	(ਤਾਜਨਿ ਤੁਰੀ) ਅਰਬੀ ਘੋੜੀ	Eik Thaajan Thuree Changaeree ||	And a fine Turkestani horse.	ਤੇ ਇਕ ਚੰਗੀ ਅਰਬੀ ਘੋੜੀ ਭੀ ਚਾਹੀਦੀ ਹੈ।

30096	695	ਘਰ ਕੀ ਗੀਹਨਿ ਚੰਗੀ॥	ਦਾਸਨਦਾਸ ਆਪ ਜੀ ਦੇ ਘਰ ਦੀ ਚੰਗੀ (ਗੀਹਨਿ) ਇਸਤ੍ਰੀ ਬਣਕੇ ਸੇਵਾ ਕਰੇ	Ghar Kee Geehan Changee ||	A good wife to care for my home	ਘਰ ਦੀ ਚੰਗੀ ਇਸਤ੍ਰੀ ਵੀ-
30097	695	ਜਨੁ ਧੰਨਾ ਲੇਵੈ ਮੰਗੀ॥੨॥੪॥		Jan Dhhannaa Laevai Mangee ||2||4||	- Your humble servant Dhanna begs for these things, Lord. ||2||4||	ਮੈਂ ਤੇਰਾ ਦਾਸ ਧੰਨਾ ਤੈਥੋਂ ਮੰਗ ਕੇ ਲੈਂਦਾ ਹਾਂ ॥੨॥੪॥
30098	696	ਜੈਤਸਰੀ ਮਹਲਾ ੪ ਘਰੁ ੧ ਚਉਪਦੇ		Jaithasaree Mehalaa 4 Ghar 1 Choupadhae	Jaitsree, Fourth Mehl, First House, Chau-Padas:	ਰਾਗ ਜੈਤਸਰੀ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
30099	696	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30100	696	ਮੇਰੈ ਹੀਅਰੈ ਰਤਨੁ ਨਾਮੁ ਹਰਿ ਬਸਿਆ ਗੁਰਿ ਹਾਥੁ ਧਰਿਓ ਮੇਰੈ ਮਾਥਾ॥		Maerai Heearai Rathan Naam Har Basiaa Gur Haathh Dhhariou Maerai Maathhaa ||	The Jewel of the Lord's Name abides within my heart; the Guru has placed His hand on my forehead.	(ਹੇ ਭਾਈ! ਜਦੋਂ) ਗੁਰੂ ਨੇ ਮੇਰੇ ਸਿਰ ਉੱਤੇ ਆਪਣਾ ਹੱਥ ਰੱਖਿਆ, ਤਾਂ ਮੇਰੇ ਹਿਰਦੇ ਵਿਚ ਪਰਮਾਤਮਾ ਦਾ ਰਤਨ (ਵਰਗਾ ਕੀਮਤੀ) ਨਾਮ ਆ ਵੱਸਿਆ।

30101	696	ਜਨਮ ਜਨਮ ਕੇ ਕਿਲਬਿਖ ਦੁਖ ਉਤਰੇ ਗੁਰਿ ਨਾਮੁ ਦੀਓ ਰਿਨੁ ਲਾਥਾ॥੧॥	(ਰਿਨੁ) ਕਰਜ਼ਾ। ਲੱਾਥਾ	Janam Janam Kae Kilabikh Dhukh Outharae Gur Naam Dheeou Rin Laathhaa ||1||	The sins and pains of countless incarnations have been cast out. The Guru has blessed me with the Naam, the Name of the Lord, and my debt has been paid off. ||1||	(ਹੇ ਭਾਈ! ਜਿਸ ਭੀ ਮਨੁੱਖ ਨੂੰ) ਗੁਰੂ ਨੇ ਪਰਮਾਤਮਾ ਦਾ ਨਾਮ ਦਿੱਤਾ, ਉਸ ਦੇ ਅਨੇਕਾਂ ਜਨਮਾਂ ਦੇ ਪਾਪ ਦੁੱਖ ਦੂਰ ਹੋ ਗਏ, (ਉਸ ਦੇ ਸਿਰੋਂ ਪਾਪਾਂ ਦਾ) ਕਰਜ਼ਾ ਉਤਰ ਗਿਆ ॥੧॥
30102	696	ਮੇਰੇ ਮਨ ਭਜੁ ਰਾਮ ਨਾਮੁ ਸਭਿ ਅਰਥਾ॥	(ਅਰਥਾ) ਮਨੋਰਥ। ਭਜੁ:ਪੋਲਾ ਬੋਲੋ	Maerae Man Bhaj Raam Naam Sabh Arathhaa ||	O my mind, vibrate the Lord's Name, and all your affairs shall be resolved.	ਹੇ ਮੇਰੇ ਮਨ! (ਸਦਾ) ਪਰਮਾਤਮਾ ਦਾ ਨਾਮ ਸਿਮਰਿਆ ਕਰ, (ਪਰਮਾਤਮਾ) ਸਾਰੇ ਪਦਾਰਥ (ਦੇਣ ਵਾਲਾ ਹੈ)।
30103	696	ਗੁਰਿ ਪੂਰੈ ਹਰਿ ਨਾਮੁ ਦ੍ਰਿੜਾਇਆ ਬਿਨੁ ਨਾਵੈ ਜੀਵਨੁ ਬਿਰਥਾ॥ਰਹਾਉ॥		Gur Poorai Har Naam Dhrirraaeiaa Bin Naavai Jeevan Birathhaa || Rehaao ||	The Perfect Guru has implanted the Lord's Name within me; without the Name, life is useless. ||Pause||	(ਹੇ ਮਨ! ਗੁਰੂ ਦੀ ਸਰਨ ਪਿਆ ਰਹੁ) ਪੂਰੇ ਗੁਰੂ ਨੇ (ਹੀ) ਪਰਮਾਤਮਾ ਦਾ ਨਾਮ (ਹਿਰਦੇ ਵਿਚ) ਪੱਕਾ ਕੀਤਾ ਹੈ। ਤੇ, ਨਾਮ ਤੋਂ ਬਿਨਾ ਮਨੁੱਖਾ ਜ਼ਿੰਦਗੀ ਵਿਅਰਥ ਚਲੀ ਜਾਂਦੀ ਹੈ ਰਹਾਉ॥
30104	696	ਬਿਨੁ ਗੁਰ ਮੂੜ ਭਏ ਹੈ ਮਨਮੁਖ ਤੇ ਮੋਹ ਮਾਇਆ ਨਿਤ ਫਾਥਾ॥	ਫਾੱਥਾ	Bin Gur Moorr Bheae Hai Manamukh Thae Moh Maaeiaa Nith Faathhaa ||	Without the Guru, the self-willed manmukhs are foolish and ignorant; they are forever entangled in emotional attachment to Maya.	ਹੇ ਭਾਈ! ਜੇਹੜੇ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦੇ ਹਨ ਉਹ ਗੁਰੂ (ਦੀ ਸਰਨ) ਤੋਂ ਬਿਨਾ ਮੂਰਖ ਹੋਏ ਰਹਿੰਦੇ ਹਨ, ਉਹ ਸਦਾ ਮਾਇਆ ਦੇ ਮੋਹ ਵਿਚ ਫਸੇ ਰਹਿੰਦੇ ਹਨ।

30105	696	ਤਿਨ ਸਾਧੂ ਚਰਣ ਨ ਸੇਵੇ ਕਬਹੂ ਤਿਨ ਸਭੁ ਜਨਮੁ ਅਕਾਥਾ॥੨॥	(ਅਕਾਥਾ) ਵਿਅਰਥ	Thin Saadhhoo Charan N Saevae Kabehoo Thin Sabh Janam Akaathhaa ||2||	They never serve the feet of the Holy; their lives are totally useless. ||2||	ਉਹਨਾਂ ਨੇ ਕਦੇ ਭੀ ਗੁਰੂ ਦਾ ਆਸਰਾ ਨਹੀਂ ਲਿਆ, ਉਹਨਾਂ ਦਾ ਸਾਰਾ ਜੀਵਨ ਵਿਅਰਥ ਚਲਾ ਜਾਂਦਾ ਹੈ ॥੨॥
30106	696	ਜਿਨ ਸਾਧੂ ਚਰਣ ਸਾਧ ਪਗ ਸੇਵੇ ਤਿਨ ਸਫਲਿਓ ਜਨਮੁ ਸਨਾਥਾ॥	(ਸਨਾਥਾ) ਖਸਮ ਵਾਲੇ	Jin Saadhhoo Charan Saadhh Pag Saevae Thin Safaliou Janam Sanaathhaa ||	Those who serve at the feet of the Holy, the feet of the Holy, their lives are made fruitful, and they belong to the Lord.	ਹੇ ਭਾਈ! ਜੇਹੜੇ ਮਨੁੱਖ ਗੁਰੂ ਦੇ ਚਰਨਾਂ ਦੀ ਓਟ ਲੈਂਦੇ ਹਨ, ਉਹ ਖਸਮ ਵਾਲੇ ਬਣ ਜਾਂਦੇ ਹਨ, ਉਹਨਾਂ ਦੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ।
30107	696	ਮੋਕਉ ਕੀਜੈ ਦਾਸੁ ਦਾਸ ਦਾਸਨ ਕੋ ਹਰਿ ਦਇਆ ਧਾਰਿ ਜਗੰਨਾਥਾ॥੩॥		Mo Ko Keejai Dhaas Dhaas Dhaasan Ko Har Dhaeiaa Dhhaar Jagannaathhaa ||3||	Make me the slave of the slave of the slaves of the Lord; bless me with Your Mercy, O Lord of the Universe. ||3||	ਹੇ ਹਰੀ! ਹੇ ਜਗਤ ਦੇ ਨਾਥ! ਮੇਰੇ ਉੱਤੇ ਮੇਹਰ ਕਰ, ਮੈਨੂੰ ਆਪਣੇ ਦਾਸਾਂ ਦੇ ਦਾਸਾਂ ਦਾ ਦਾਸ ਬਣਾ ਲੈ ॥੩॥
30108	696	ਹਮ ਅੰਧੁਲੇ ਗਿਆਨ ਹੀਨ ਅਗਿਆਨੀ ਕਿਉ ਚਾਲਹ ਮਾਰਗਿ ਪੰਥਾ॥		Ham Andhhulae Giaaneheen Agiaanee Kio Chaaleh Maarag Panthhaa ||	I am blind, ignorant and totally without wisdom; how can I walk on the Path?	ਹੇ ਗੁਰੂ! ਅਸੀਂ ਮਾਇਆ ਵਿਚ ਅੰਨ੍ਹੇ ਹੋ ਰਹੇ ਹਾਂ, ਅਸੀਂ ਆਤਮਕ ਜੀਵਨ ਦੀ ਸੂਝ ਤੋਂ ਸੱਖਣੇ ਹਾਂ, ਸਾਨੂੰ ਸਹੀ ਜੀਵਨ-ਜੁਗਤਿ ਦੀ ਸੂਝ ਨਹੀਂ ਹੈ, ਅਸੀਂ ਤੇਰੇ ਦੱਸੇ ਹੋਏ ਜੀਵਨ-ਰਾਹ ਉੱਤੇ ਤੁਰ ਨਹੀਂ ਸਕਦੇ।

30109	696	ਹਮ ਅੰਧੁਲੇ ਕਉ ਗੁਰ ਅੰਚਲੁ ਦੀਜੈ ਜਨ ਨਾਨਕ ਚਲਹ ਮਿਲੰਥਾ॥੪॥੧॥		Ham Andhhulae Ko Gur Anchal Dheejai Jan Naanak Chaleh Milanthhaa ||4||1||	I am blind - O Guru, please let me grasp the hem of Your robe, so that servant Nanak may walk in harmony with You. ||4||1||	ਹੇ ਦਾਸ ਨਾਨਕ! (ਆਖ-) ਹੇ ਗੁਰੂ! ਸਾਨੂੰ ਅੰਨ੍ਹਿਆਂ ਨੂੰ ਆਪਣਾ ਪੱਲਾ ਫੜਾ, ਤਾਂ ਕਿ ਤੇਰੇ ਪੱਲੇ ਲੱਗ ਕੇ ਅਸੀਂ ਤੇਰੇ ਦੱਸੇ ਹੋਏ ਰਸਤੇ ਉਤੇ ਤੁਰ ਸਕੀਏ ॥੪॥੧॥
30110	696	ਜੈਤਸਰੀ ਮਹਲਾ ੪॥		Jaithasaree Mehalaa 4 ||	Jaitsree, Fourth Mehl:	
30111	696	ਹੀਰਾ ਲਾਲੁ ਅਮੋਲਕੁ ਹੈ ਭਾਰੀ ਬਿਨੁ ਗਾਹਕ ਮੀਕਾ ਕਾਖਾ॥	(ਮੀਕਾ) ਬਰਾਬਰ। (ਕਾਖਾ) ਕੱਖ	Heeraa Laal Amolak Hai Bhaaree Bin Gaahak Meekaa Kaakhaa ||	A jewel or a diamond may be very valuable and heavy, but without a purchaser, it is worth only straw.	ਹੇ ਭਾਈ! ਪਰਮਾਤਮਾ ਦਾ ਨਾਮ ਬੜਾ ਹੀ ਕੀਮਤੀ ਹੀਰਾ ਹੈ ਲਾਲ ਹੈ, ਪਰ ਗਾਹਕ ਤੋਂ ਬਿਨਾ ਇਹ ਹੀਰਾ ਕੱਖ ਵਰਗਾ ਹੋਇਆ ਪਿਆ ਹੈ।
30112	696	ਰਤਨ ਗਾਹਕੁ ਗੁਰੁ ਸਾਧੂ ਦੇਖਿਓ ਤਬ ਰਤਨੁ ਬਿਕਾਨੋ ਲਾਖਾ॥੧॥		Rathan Gaahak Gur Saadhhoo Dhaekhiou Thab Rathan Bikaano Laakhaa ||1||	When the Holy Guru, the Purchaser, saw this jewel, He purchased it for hundreds of thousands of dollars. ||1||	ਜਦੋਂ ਇਸ ਰਤਨ ਦਾ ਗਾਹਕ ਗੁਰੂ ਮਿਲ ਪਿਆ, ਤਦੋਂ ਇਹ ਰਤਨ ਲੱਖੀਂ ਰੁਪਈਂ ਵਿਕਣ ਲੱਗ ਪਿਆ ॥੧॥
30113	696	ਮੇਰੈ ਮਨਿ ਗੁਪਤ ਹੀਰੁ ਹਰਿ ਰਾਖਾ॥		Maerai Man Gupath Heer Har Raakhaa ||	The Lord has kept this jewel hidden within my mind.	ਹੇ ਭਾਈ! ਮੇਰੇ ਮਨ ਵਿਚ ਪਰਮਾਤਮਾ ਨੇ ਆਪਣਾ ਨਾਮ-ਹੀਰਾ ਲੁਕਾ ਕੇ ਰੱਖਿਆ ਹੋਇਆ ਸੀ।

30114	696	ਦੀਨ ਦਇਆਲਿ ਮਿਲਾਇਓ ਗੁਰੁ ਸਾਧੂ ਗੁਰਿ ਮਿਲਿਐ ਹੀਰੁ ਪਰਾਖਾ॥ਰਹਾਉ॥		Dheen Dhaeiaal Milaaeiou Gur Saadhhoo Gur Miliai Heer Paraakhaa || Rehaao ||	The Lord, merciful to the meek, led me to meet the Holy Guru; meeting the Guru, I came to appreciate this jewel. ||Pause||	ਦੀਨਾਂ ਉਤੇ ਦਇਆ ਕਰਨ ਵਾਲੇ ਉਸ ਹਰੀ ਨੇ ਮੈਨੂੰ ਗੁਰੂ ਮਿਲਾ ਦਿੱਤਾ। ਗੁਰੂ ਮਿਲਣ ਨਾਲ ਮੈਂ ਉਹ ਹੀਰਾ ਪਰਖ ਲਿਆ (ਮੈਂ ਉਸ ਹੀਰੇ ਦੀ ਕਦਰ ਸਮਝ ਲਈ) ਰਹਾਉ॥
30115	696	ਮਨਮੁਖ ਕੋਠੀ ਅਗਿਆਨੁ ਅੰਧੇਰਾ ਤਿਨ ਘਰਿ ਰਤਨੁ ਨ ਲਾਖਾ॥		Manamukh Kothee Agiaan Andhhaeraa Thin Ghar Rathan N Laakhaa ||	The rooms of the self-willed manmukhs are dark with ignorance; in their homes, the jewel is not visible.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਦੇ ਹਿਰਦੇ ਵਿਚ ਆਤਮਕ ਜੀਵਨ ਵਲੋਂ ਬੇ-ਸਮਝੀ (ਦਾ) ਹਨੇਰਾ ਪਿਆ ਰਹਿੰਦਾ ਹੈ, (ਤਾਹੀਏਂ) ਉਹਨਾਂ ਨੇ ਆਪਣੇ ਹਿਰਦੇ-ਘਰ ਵਿਚ ਟਿਕਿਆ ਹੋਇਆ ਨਾਮ-ਰਤਨ (ਕਦੇ) ਨਹੀਂ ਵੇਖਿਆ।
30116	696	ਤੇ ਊਝੜਿ ਭਰਮਿ ਮੁਏ ਗਾਵਾਰੀ ਮਾਇਆ ਭੁਅੰਗ ਬਿਖੁ ਚਾਖਾ॥੨॥		Thae Oojharr Bharam Mueae Gaavaaree Maaeiaa Bhuang Bikh Chaakhaa ||2||	Those fools die, wandering in the wilderness, eating the poison of the snake, Maya. ||2||	ਉਹ ਮਨੁੱਖ ਮਾਇਆ-ਸਪਣੀ (ਦੇ ਮੋਹ) ਦਾ ਜ਼ਹਿਰ ਖਾਂਦੇ ਰਹਿੰਦੇ ਹਨ, (ਇਸ ਵਾਸਤੇ) ਉਹ ਮੂਰਖ ਭਟਕਣਾ ਦੇ ਕਾਰਨ ਕੁਰਾਹੇ ਪੈ ਕੇ ਆਤਮਕ ਮੌਤੇ ਮਰੇ ਰਹਿੰਦੇ ਹਨ ॥੨॥
30117	696	ਹਰਿ ਹਰਿ ਸਾਧ ਮੇਲਹੁ ਜਨ ਨੀਕੇ ਹਰਿ ਸਾਧੂ ਸਰਣਿ ਹਮ ਰਾਖਾ॥	(ਨੀਕੇ) ਉੱਤਮ	Har Har Saadhh Maelahu Jan Neekae Har Saadhhoo Saran Ham Raakhaa ||	O Lord, Har, Har, let me meet the humble, holy beings; O Lord, keep me in the Sanctuary of the Holy.	ਹੇ ਹਰੀ! ਮੈਨੂੰ ਚੰਗੇ ਸੰਤ ਜਨ ਮਿਲਾ, ਮੈਨੂੰ ਗੁਰੂ ਦੀ ਸਰਨ ਵਿਚ ਰੱਖ।

30118	696	ਹਰਿ ਅੰਗੀਕਾਰੁ ਕਰਹੁ ਪ੍ਰਭ ਸੁਆਮੀ ਹਮ ਪਰੇ ਭਾਗਿ ਤੁਮ ਪਾਖਾ॥੩॥	(ਪਾਖਾ) ਸਰਨ	Har Angeekaar Karahu Prabh Suaamee Ham Parae Bhaag Thum Paakhaa ||3||	O Lord, make me Your own; O God, Lord and Master, I have hurried to Your side. ||3||	ਹੇ ਪ੍ਰਭੂ! ਹੇ ਮਾਲਕ! ਮੇਰੀ ਮਦਦ ਕਰ। ਮੈਂ ਹੋਰ ਪਾਸੇ ਛੱਡ ਕੇ ਤੇਰੀ ਸਰਨ ਆ ਪਿਆ ਹਾਂ ॥੩॥
30119	696	ਜਿਹਵਾ ਕਿਆ ਗੁਣ ਆਖਿ ਵਖਾਣਹ ਤੁਮ ਵਡ ਅਗਮ ਵਡ ਪੁਰਖਾ॥		Jihavaa Kiaa Gun Aakh Vakhaaneh Thum Vadd Agam Vadd Purakhaa ||	What Glorious Virtues of Yours can I speak and describe? You are great and unfathomable, the Greatest Being.	ਹੇ ਪ੍ਰਭੂ! ਤੂੰ ਵੱਡਾ ਪੁਰਖ ਹੈਂ, ਤੂੰ ਅਪਹੁੰਚ ਹੈਂ, ਅਸੀਂ ਆਪਣੀ ਜੀਭ ਨਾਲ ਤੇਰੇ ਕੇਹੜੇ ਕੇਹੜੇ ਗੁਣ ਆਖ ਕੇ ਦੱਸ ਸਕਦੇ ਹਾਂ?
30120	696	ਜਨ ਨਾਨਕ ਹਰਿ ਕਿਰਪਾ ਧਾਰੀ ਪਾਖਾਣੁ ਡੁਬਤ ਹਰਿ ਰਾਖਾ॥੪॥੨॥	(ਪਾਖਾਣੁ) ਪੱਥਰ। ਡੁੱਬਤ	Jan Naanak Har Kirapaa Dhhaaree Paakhaan Ddubath Har Raakhaa ||4||2||	The Lord has bestowed His Mercy on servant Nanak; He has saved the sinking stone. ||4||2||	ਹੇ ਦਾਸ ਨਾਨਕ! (ਆਖ-) ਜਿਸ ਮਨੁੱਖ ਉਤੇ ਪ੍ਰਭੂ ਮੇਹਰ ਕੀਤੀ, ਉਸ ਪੱਥਰ ਨੂੰ (ਸੰਸਾਰ-ਸਮੁੰਦਰ ਵਿਚ) ਡੁੱਬਦੇ ਨੂੰ ਉਸ ਨੇ ਬਚਾ ਲਿਆ ॥੪॥੨॥
30121	697	ਜੈਤਸਰੀ ਮਃ ੪॥		Jaithasaree Ma 4 ||	Jaitsree, Fourth Mehl:	

30122	697	ਹਮ ਬਾਰਿਕ ਕਛੂਅ ਨ ਜਾਨਹ ਗਤਿ ਮਿਤਿ ਤੇਰੇ ਮੂਰਖ ਮੁਗਧ ਇਆਨਾ॥		Ham Baarik Kashhooa N Jaaneh Gath Mith Thaerae Moorakh Mugadhh Eiaanaa ||	I am Your child; I know nothing about Your state and extent; I am foolish, idiotic and ignorant.	ਹੇ ਭਾਈ! ਅਸੀਂ ਤੇਰੇ ਅੰਞਾਣ ਮੂਰਖ ਬੱਚੇ ਹਾਂ, ਅਸੀਂ ਨਹੀਂ ਜਾਣ ਸਕਦੇ ਕਿ ਤੂੰ ਕਿਹੋ ਜਿਹਾ ਹੈਂ, ਅਤੇ ਕੇਡਾ ਵੱਡਾ ਹੈਂ।
30123	697	ਹਰਿ ਕਿਰਪਾ ਧਾਰਿ ਦੀਜੈ ਮਤਿ ਊਤਮ ਕਰਿ ਲੀਜੈ ਮੁਗਧੁ ਸਿਆਨਾ॥੧॥		Har Kirapaa Dhhaar Dheejai Math Ootham Kar Leejai Mugadhh Siaanaa ||1||	O Lord, shower me with Your Mercy; bless me with an enlightened intellect; I am foolish - make me clever. ||1||	ਹੇ ਹਰੀ! ਮੇਹਰ ਕਰ ਕੇ ਮੈਨੂੰ ਚੰਗੀ ਅਕਲ ਦੇਹ, ਮੈਨੂੰ ਮੂਰਖ ਨੂੰ ਸਿਆਣਾ ਬਣਾ ਲੈ ॥੧॥
30124	697	ਮੇਰਾ ਮਨੁ ਆਲਸੀਆ ਉਘਲਾਨਾ॥	ਬੁਰਿਆਈ ਦੀ ਨੀਂਦਚ (ਉਘਲਾਨਾ) ਊਂਘਦਾ ਹੈ	Maeraa Man Aalaseeaa Oughalaanaa ||	My mind is lazy and sleepy.	ਹੇ ਭਾਈ! ਮੇਰਾ ਸੁਸਤ ਮਨ (ਮਾਇਆ ਦੀ ਨੀਂਦ ਵਿਚ) ਸੌਂ ਗਿਆ ਸੀ।
30125	697	ਹਰਿ ਹਰਿ ਆਨਿ ਮਿਲਾਇਓ ਗੁਰੁ ਸਾਧੂ ਮਿਲਿ ਸਾਧੂ ਕਪਟ ਖੁਲਾਨਾ॥ਰਹਾਉ॥		Har Har Aan Milaaeiou Gur Saadhhoo Mil Saadhhoo Kapatt Khulaanaa || Rehaao ||	The Lord, Har, Har, has led me to meet the Holy Guru; meeting the Holy, the shutters have been opened wide. ||Pause||	ਪਰਮਾਤਮਾ ਨੇ ਮੈਨੂੰ ਗੁਰੂ ਲਿਆ ਕੇ ਮਿਲਾ ਦਿੱਤਾ। ਗੁਰੂ ਨੂੰ ਮਿਲ ਕੇ (ਮੇਰੇ ਮਨ ਦੇ) ਕਿਵਾੜ ਖੁੱਲ੍ਹ ਗਏ ਹਨ ਰਹਾਉ॥

30126	697	ਗੁਰ ਖਿਨੁ ਖਿਨੁ ਪ੍ਰੀਤਿ ਲਗਾਵਹੁ ਮੇਰੈ ਹੀਅਰੈ ਮੇਰੇ ਪ੍ਰੀਤਮ ਨਾਮੁ ਪਰਾਨਾ॥	(ਪਰਾਨਾ) ਪਰਾਣ	Gur Khin Khin Preeth Lagaavahu Maerai Heearai Maerae Preetham Naam Paraanaa ||	O Guru, each and every instant, fill my heart with love; the Name of my Beloved is my breath of life.	ਹੇ ਗੁਰੂ! ਮੇਰੇ ਹਿਰਦੇ ਵਿਚ ਪ੍ਰਭੂ ਵਾਸਤੇ ਹਰ ਵੇਲੇ ਦੀ ਪ੍ਰੀਤਿ ਪੈਦਾ ਕਰ ਦੇਹ, ਮੇਰੇ ਪ੍ਰੀਤਮ-ਪ੍ਰਭੂ ਦਾ ਨਾਮ ਮੇਰੇ ਪ੍ਰਾਣ ਬਣ ਜਾਏ।
30127	697	ਬਿਨੁ ਨਾਵੈ ਮਰਿ ਜਾਈਐ ਮੇਰੇ ਠਾਕੁਰ ਜਿਉ ਅਮਲੀ ਅਮਲਿ ਲੁਭਾਨਾ॥੨॥		Bin Naavai Mar Jaaeeai Maerae Thaakur Jio Amalee Amal Lubhaanaa ||2||	Without the Name, I would die; the Name of my Lord and Master is to me like the drug to the addict. ||2||	ਹੇ ਮੇਰੇ ਮਾਲਕ-ਪ੍ਰਭੂ! ਜਿਵੇਂ ਨਸ਼ਈ ਮਨੁੱਖ ਨਸ਼ੇ ਵਿਚ ਖ਼ੁਸ਼ ਰਹਿੰਦਾ ਹੈ (ਤੇ ਨਸ਼ੇ ਤੋਂ ਬਿਨਾ ਘਬਰਾ ਉਠਦਾ ਹੈ, ਤਿਵੇਂ) ਤੇਰੇ ਨਾਮ ਤੋਂ ਬਿਨਾ ਜਿੰਦ ਵਿਆਕੁਲ ਹੋ ਜਾਂਦੀ ਹੈ ॥੨॥
30128	697	ਜਿਨ ਮਨਿ ਪ੍ਰੀਤਿ ਲਗੀ ਹਰਿ ਕੇਰੀ ਤਿਨ ਧੁਰਿ ਭਾਗ ਪੁਰਾਨਾ॥		Jin Man Preeth Lagee Har Kaeree Thin Dhhur Bhaag Puraanaa ||	Those who enshrine love for the Lord within their minds fulfill their pre-ordained destiny.	ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਪਰਮਾਤਮਾ ਦੀ ਪ੍ਰੀਤਿ ਪੈਦਾ ਹੋ ਜਾਂਦੀ ਹੈ, ਉਹਨਾਂ ਦੇ ਧੁਰ ਦਰਗਾਹ ਤੋਂ ਮਿਲੇ ਚਿਰ ਦੇ ਭਾਗ ਜਾਗ ਪੈਂਦੇ ਹਨ।
30129	697	ਤਿਨ ਹਮ ਚਰਣ ਸਰੇਵਹ ਖਿਨੁ ਖਿਨੁ ਜਿਨ ਹਰਿ ਮੀਠ ਲਗਾਨਾ॥੩॥		Thin Ham Charan Saraeveh Khin Khin Jin Har Meeth Lagaanaa ||3||	I worship their feet, each and every instant; the Lord seems very sweet to them. ||3||	ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ, ਅਸੀਂ ਹਰ ਵੇਲੇ ਉਹਨਾਂ ਦੇ ਚਰਨਾਂ ਦੀ ਸੇਵਾ ਕਰਦੇ ਹਾਂ ॥੩॥

30130	697	ਹਰਿ ਹਰਿ ਕ੍ਰਿਪਾ ਧਾਰੀ ਮੇਰੈ ਠਾਕੁਰਿ ਜਨੁ ਬਿਛੁਰਿਆ ਚਿਰੀ ਮਿਲਾਨਾ॥		Har Har Kirapaa Dhhaaree Maerai Thaakur Jan Bishhuriaa Chiree Milaanaa ||	My Lord and Master, Har, Har, has showered His Mercy upon His humble servant; separated for so long, he is now re-united with the Lord.	ਹੇ ਭਾਈ! ਮੇਰੇ ਮਾਲਕ-ਪ੍ਰਭੂ ਨੇ ਜਿਸ ਮਨੁੱਖ ਉਤੇ ਮੇਹਰ ਦੀ ਨਿਗਾਹ ਕੀਤੀ, ਉਸ ਨੂੰ ਚਿਰ ਦੇ ਵਿਛੁੜੇ ਹੋਏ ਨੂੰ ਉਸ ਨੇ ਆਪਣੇ ਨਾਲ ਮਿਲਾ ਲਿਆ।
30131	697	ਧਨੁ ਧਨੁ ਸਤਿਗੁਰੁ ਜਿਨਿ ਨਾਮੁ ਦ੍ਰਿੜਾਇਆ ਜਨੁ ਨਾਨਕੁ ਤਿਸੁ ਕੁਰਬਾਨਾ॥੪॥੩॥		Dhhan Dhhan Sathigur Jin Naam Dhrirraaeiaa Jan Naanak This Kurabaanaa ||4||3||	Blessed, blessed is the True Guru, who has implanted the Naam, the Name of the Lord within me; servant Nanak is a sacrifice to Him. ||4||3||	ਧੰਨ ਹੈ ਗੁਰੂ, ਧੰਨ ਹੈ ਗੁਰੂ, ਜਿਸ ਨੇ ਉਸ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਪੱਕਾ ਕਰ ਦਿੱਤਾ। ਦਾਸ ਨਾਨਕ ਉਸ ਗੁਰੂ ਤੋਂ (ਸਦਾ) ਸਦਕੇ ਜਾਂਦਾ ਹੈ ॥੪॥੩॥
30132	697	ਜੈਤਸਰੀ ਮਹਲਾ ੪॥		Jaithasaree Mehalaa 4 ||	Jaitsree, Fourth Mehl:	
30133	697	ਸਤਿਗੁਰੁ ਸਾਜਨੁ ਪੁਰਖੁ ਵਡ ਪਾਇਆ ਹਰਿ ਰਸਕਿ ਰਸਕਿ ਫਲ ਲਾਗਿਬਾ॥	(ਰਸਕਿ) ਰਸ ਨਾਲ	Sathigur Saajan Purakh Vadd Paaeiaa Har Rasak Rasak Fal Laagibaa ||	I have found the True Guru, my Friend, the Greatest Being. Love and affection for the Lord has blossomed forth.	ਹੇ ਭਾਈ! ਗੁਰੂ (ਸਭ ਦਾ) ਸੱਜਣ ਹੈ, ਗੁਰੂ ਮਹਾ ਪੁਰਖ ਹੈ, ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਉਹ ਮਨੁੱਖ ਬੜੇ ਸੁਆਦ ਨਾਲ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਫਲ ਖਾਣ ਲੱਗ ਪੈਂਦਾ ਹੈ।

30134	697	ਮਾਇਆ ਭੁਇਅੰਗ ਗ੍ਰਸਿਓ ਹੈ ਪ੍ਰਾਣੀ ਗੁਰ ਬਚਨੀ ਬਿਸੁ ਹਰਿ ਕਾਢਿਬਾ॥੧॥	(ਬਿਸੁ) ਜ਼ਹਰ। ਭੁਇ-ਅੰਗ	Maaeiaa Bhueiang Grasiou Hai Praanee Gur Bachanee Bis Har Kaadtibaa ||1||	Maya, the snake, has seized the mortal; through the Word of the Guru, the Lord neutralizes the venom. ||1||	ਹੇ ਭਾਈ! ਮਨੁੱਖ ਨੂੰ ਮਾਇਆ-ਸਪਣੀ ਗ੍ਰਸੀ ਰੱਖਦੀ ਹੈ, ਪਰ ਗੁਰੂ ਦੇ ਬਚਨਾਂ ਉਤੇ ਤੁਰਨ ਦੀ ਬਰਕਤਿ ਨਾਲ ਪਰਮਾਤਮਾ (ਉਸ ਦੇ ਅੰਦਰੋਂ) ਉਹ ਜ਼ਹਿਰ ਕੱਢ ਦੇਂਦਾ ਹੈ ॥੧॥
30135	697	ਮੇਰਾ ਮਨੁ ਰਾਮ ਨਾਮ ਰਸਿ ਲਾਗਿਬਾ॥		Maeraa Man Raam Naam Ras Laagibaa ||	My mind is attached to the sublime essence of the Lord's Name.	(ਹੇ ਭਾਈ! ਗੁਰੂ ਦੀ ਕਿਰਪਾ ਨਾਲ) ਮੇਰਾ ਮਨ ਪਰਮਾਤਮਾ ਦੇ ਨਾਮ ਦੇ ਸੁਆਦ ਵਿਚ ਮਗਨ ਹੋ ਗਿਆ ਹੈ।
30136	697	ਹਰਿ ਕੀਏ ਪਤਿਤ ਪਵਿਤ੍ਰ ਮਿਲਿ ਸਾਧ ਗੁਰ ਹਰਿ ਨਾਮੈ ਹਰਿ ਰਸੁ ਚਾਖਿਬਾ॥ਰਹਾਉ॥	ਬੱਬੇ ਕੰਨਾ ਇੱਕਠੇ ਹਨ	Har Keeeae Pathith Pavithr Mil Saadhh Gur Har Naamai Har Ras Chaakhibaa || Rehaao ||	The Lord has purified the sinners, uniting them with the Holy Guru; now, they taste the Lord's Name, and the sublime essence of the Lord. ||Pause||	ਸਾਧੂ ਗੁਰੂ ਨੂੰ ਮਿਲ ਕੇ (ਜੇਹੜੇ ਮਨੁੱਖ) ਪਰਮਾਤਮਾ ਦੇ ਨਾਮ ਵਿਚ (ਜੁੜਦੇ ਹਨ), ਪਰਮਾਤਮਾ ਦਾ ਨਾਮ ਰਸ ਚੱਖਦੇ ਹਨ ਉਹਨਾਂ ਵਿਕਾਰੀਆਂ ਨੂੰ ਭੀ ਪਰਮਾਤਮਾ ਸੁੱਚੇ ਜੀਵਨ ਵਾਲੇ ਬਣਾ ਲੈਂਦਾ ਹੈ ਰਹਾਉ॥

30137	697	ਧਨੁ ਧਨੁ ਵਡਭਾਗ ਮਿਲਿਓ ਗੁਰੁ ਸਾਧੂ ਮਿਲਿ ਸਾਧੂ ਲਿਵ ਉਨਮਨਿ ਲਾਗਿਬਾ॥	(ਉਨਮਨਿ) ਉੱਚੀ ਅਵਸਥਾ ਵਿਆਪਕ ਬ੍ਰਹਮਜੀ	Dhhan Dhhan Vaddabhaag Miliou Gur Saadhhoo Mil Saadhhoo Liv Ounaman Laagibaa ||	Blessed, blessed is the good fortune of those who meet the Holy Guru; meeting with the Holy, they lovingly center themselves in the state of absolute absorption.	ਹੇ ਭਾਈ! ਉਹ ਮਨੁੱਖ ਸਲਾਹੁਣ-ਜੋਗ ਹੋ ਜਾਂਦਾ ਹੈ, ਵੱਡੀ ਕਿਸਮਤ ਵਾਲਾ ਹੋ ਜਾਂਦਾ ਹੈ ਜਿਸ ਨੂੰ ਗੁਰੂ ਮਿਲ ਪੈਂਦਾ ਹੈ। ਗੁਰੂ ਨੂੰ ਮਿਲ ਕੇ ਉਸ ਦੀ ਸੁਰਤਿ ਉੱਚੀ ਆਤਮਕ ਅਵਸਥਾ ਵਿਚ ਟਿਕ ਜਾਂਦੀ ਹੈ।
30138	697	ਤ੍ਰਿਸਨਾ ਅਗਨਿ ਬੁਝੀ ਸਾਂਤਿ ਪਾਈ ਹਰਿ ਨਿਰਮਲ ਨਿਰਮਲ ਗੁਨ ਗਾਇਬਾ॥੨॥		Thrisanaa Agan Bujhee Saanth Paaee Har Niramal Niramal Gun Gaaeibaa ||2||	The fire of desire within them is quenched, and they find peace; they sing the Glorious Praises of the Immaculate Lord. ||2||	(ਜਿਉਂ ਜਿਉਂ) ਉਹ ਪਰਮਾਤਮਾ ਦੇ ਪਵਿਤ੍ਰ ਕਰਨ ਵਾਲੇ ਗੁਣ ਗਾਂਦਾ ਹੈ (ਤਿਉਂ ਤਿਉਂ ਉਸ ਦੇ ਅੰਦਰੋਂ) ਤ੍ਰਿਸ਼ਨਾ ਦੀ ਅੱਗ ਬੁੱਝ ਜਾਂਦੀ ਹੈ, ਉਸ ਨੂੰ ਆਤਮਕ ਸ਼ਾਂਤੀ ਪ੍ਰਾਪਤ ਹੁੰਦੀ ਹੈ ॥੨॥
30139	697	ਤਿਨ ਕੇ ਭਾਗ ਖੀਨ ਧੁਰਿ ਪਾਏ ਜਿਨ ਸਤਿਗੁਰ ਦਰਸੁ ਨ ਪਾਇਬਾ॥	(ਖੀਨ) ਮੰਦੇ	Thin Kae Bhaag Kheen Dhhur Paaeae Jin Sathigur Dharas N Paaeibaa ||	Those who do not obtain the Blessed Vision of the True Guru's Darshan, have misfortune pre-ordained for them.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ (ਕਦੇ) ਗੁਰੂ ਦਾ ਦਰਸਨ ਨਾਹ ਕੀਤਾ ਉਹਨਾਂ ਦੇ ਭਾਗ ਹਿਰ ਗਏ, ਧੁਰ ਦਰਗਾਹ ਤੋਂ ਹੀ ਉਹਨਾਂ ਨੂੰ ਇਹ ਭਾਗ-ਹੀਨਤਾ ਮਿਲ ਗਈ।

30140	697	ਤੇ ਦੂਜੈ ਭਾਇ ਪਵਹਿ ਗ੍ਰਭ ਜੋਨੀ ਸਭੁ ਬਿਰਥਾ ਜਨਮੁ ਤਿਨ ਜਾਇਬਾ॥੩॥		Thae Dhoojai Bhaae Pavehi Grabh Jonee Sabh Birathhaa Janam Thin Jaaeibaa ||3||	In the love of duality, they are consigned to reincarnation through the womb, and they pass their lives totally uselessly. ||3||	ਮਾਇਆ ਦੇ ਮੋਹ ਦੇ ਕਾਰਨ ਉਹ ਮਨੁੱਖ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ ਉਹਨਾਂ ਦੀ ਸਾਰੀ ਜ਼ਿੰਦਗੀ ਵਿਅਰਥ ਚਲੀ ਜਾਂਦੀ ਹੈ ॥੩॥
30141	697	ਹਰਿ ਦੇਹੁ ਬਿਮਲ ਮਤਿ ਗੁਰ ਸਾਧ ਪਗ ਸੇਵਹ ਹਮ ਹਰਿ ਮੀਠ ਲਗਾਇਬਾ॥	(ਬਿਮਲ) ਨਿਰਮਲ। ਪਗ:ਪੋਲਾ ਬੋਲੋ	Har Dhaehu Bimal Math Gur Saadhh Pag Saeveh Ham Har Meeth Lagaaeibaa ||	O Lord, please, bless me with pure understanding, that I may serve the Feet of the Holy Guru; the Lord seems sweet to me.	ਹੇ ਪ੍ਰਭੂ! ਸਾਨੂੰ ਸੁਅੱਛ ਅਕਲ ਬਖ਼ਸ਼, ਅਸੀਂ ਗੁਰੂ ਦੀ ਚਰਨੀਂ ਲੱਗੇ ਰਹੀਏ, ਤੇ ਹੇ ਹਰੀ! ਤੂੰ ਸਾਨੂੰ ਪਿਆਰਾ ਲੱਗਦਾ ਰਹੇਂ।
30142	697	ਜਨੁ ਨਾਨਕੁ ਰੇਣ ਸਾਧ ਪਗ ਮਾਗੈ ਹਰਿ ਹੋਇ ਦਇਆਲੁ ਦਿਵਾਇਬਾ॥੪॥੪॥		Jan Naanak Raen Saadhh Pag Maagai Har Hoe Dhaeiaal Dhivaaeibaa ||4||4||	Servant Nanak begs for the dust of the feet of the Holy; O Lord, be Merciful, and bless me with it. ||4||4||	ਹੇ ਭਾਈ! ਦਾਸ ਨਾਨਕ (ਤਾਂ ਪ੍ਰਭੂ ਦੇ ਦਰ ਤੋਂ) ਗੁਰੂ ਦੇ ਚਰਨਾਂ ਦੀ ਧੂੜ ਮੰਗਦਾ ਹੈ। ਜਿਸ ਉਤੇ ਪ੍ਰਭੂ ਦਇਆਵਾਨ ਹੁੰਦਾ ਹੈ ਉਸ ਨੂੰ ਗੁਰੂ ਦੇ ਚਰਨਾਂ ਦੀ ਧੂੜ ਬਖ਼ਸ਼ਦਾ ਹੈ ॥੪॥੪॥
30143	697	ਜੈਤਸਰੀ ਮਹਲਾ ੪॥		Jaithasaree Mehalaa 4 ||	Jaitsree, Fourth Mehl:	

30144	697	ਜਿਨ ਹਰਿ ਹਿਰਦੈ ਨਾਮੁ ਨ ਬਸਿਓ ਤਿਨ ਮਾਤ ਕੀਜੈ ਹਰਿ ਬਾਂਝਾ॥		Jin Har Hiradhai Naam N Basiou Thin Maath Keejai Har Baanjhaa ||	The Lord's Name does not abide within their hearts - their mothers should have been sterile.	ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਨਹੀਂ ਵੱਸਦਾ, ਉਹਨਾਂ ਦੀ ਮਾਂ ਨੂੰ ਹਰੀ ਬਾਂਝ ਹੀ ਕਰ ਦਿਆ ਕਰੇ (ਤਾਂ ਚੰਗਾ ਹੈ, ਕਿਉਂਕਿ)
30145	697	ਤਿਨ ਸੁੰਞੀ ਦੇਹ ਫਿਰਹਿ ਬਿਨੁ ਨਾਵੈ ਓਇ ਖਪਿ ਖਪਿ ਮੁਏ ਕਰਾਂਝਾ॥੧॥	(ਕਰਾਂਝਾ) ਕੁਰਲਾਉਂਦੇ	Thin Sunnjee Dhaeh Firehi Bin Naavai Oue Khap Khap Mueae Karaanjhaa ||1||	These bodies wander around, forlorn and abandoned, without the Name; their lives waste away, and they die, crying out in pain. ||1||	ਉਹਨਾਂ ਦਾ ਸਰੀਰ ਹਰਿ-ਨਾਮ ਤੋਂ ਸੁੰਞਾ ਰਹਿੰਦਾ ਹੈ, ਉਹ ਨਾਮ ਤੋਂ ਵਾਂਜੇ ਹੀ ਤੁਰੇ ਫਿਰਦੇ ਹਨ, ਅਤੇ, ਉਹ ਕ੍ਰੂਝ ਕ੍ਰੂਝ ਕੇ ਖ਼ੁਆਰ ਹੋ ਹੋ ਕੇ ਆਤਮਕ ਮੌਤ ਸਹੇੜਦੇ ਰਹਿੰਦੇ ਹਨ ॥੧॥
30146	697	ਮੇਰੇ ਮਨ ਜਪਿ ਰਾਮ ਨਾਮੁ ਹਰਿ ਮਾਝਾ॥	(ਮੱਾਝਾ) ਅੰਦਰ	Maerae Man Jap Raam Naam Har Maajhaa ||	O my mind, chant the Name of the Lord, the Lord within you.	ਹੇ ਮੇਰੇ ਮਨ! ਉਸ ਪਰਮਾਤਮਾ ਦਾ ਨਾਮ ਜਪਿਆ ਕਰ, ਜੋ ਤੇਰੇ ਅੰਦਰ ਹੀ ਵੱਸ ਰਿਹਾ ਹੈ।
30147	697	ਹਰਿ ਹਰਿ ਕ੍ਰਿਪਾਲਿ ਕ੍ਰਿਪਾ ਪ੍ਰਭਿ ਧਾਰੀ ਗੁਰਿ ਗਿਆਨੁ ਦੀਓ ਮਨੁ ਸਮਝਾ॥ਰਹਾਉ॥		Har Har Kirapaal Kirapaa Prabh Dhhaaree Gur Giaan Dheeou Man Samajhaa || Rehaao ||	The Merciful Lord God, Har, Har, has showered me with His Mercy; the Guru has imparted spiritual wisdom to me, and my mind has been instructed. ||Pause||	ਹੇ ਭਾਈ! ਕ੍ਰਿਪਾਲ ਪ੍ਰਭੂ ਨੇ (ਜਿਸ ਮਨੁੱਖ ਉਤੇ) ਕਿਰਪਾ ਕੀਤੀ ਉਸ ਨੂੰ ਗੁਰੂ ਨੇ ਆਤਮਕ ਜੀਵਨ ਦੀ ਸੂਝ ਬਖ਼ਸ਼ੀ ਉਸ ਦਾ ਮਨ (ਨਾਮ ਜਪਣ ਦੀ ਕਦਰ) ਸਮਝ ਗਿਆ ਰਹਾਉ॥

30148	697	ਹਰਿ ਕੀਰਤਿ ਕਲਜੁਗਿ ਪਦੁ ਊਤਮੁ ਹਰਿ ਪਾਈਐ ਸਤਿਗੁਰ ਮਾਝਾ॥		Har Keerath Kalajug Padh Ootham Har Paaeeai Sathigur Maajhaa ||	In this Dark Age of Kali Yuga, the Kirtan of the Lord's Praise brings the most noble and exalted status; the Lord is found through the True Guru.	ਹੇ ਭਾਈ! ਜਗਤ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਹੀ ਸਭ ਤੋਂ ਉੱਚਾ ਦਰਜਾ ਹੈ, (ਪਰ) ਪਰਮਾਤਮਾ ਗੁਰੂ ਦੀ ਰਾਹੀਂ (ਹੀ) ਮਿਲਦਾ ਹੈ।
30149	697	ਹਉ ਬਲਿਹਾਰੀ ਸਤਿਗੁਰ ਅਪੁਨੇ ਜਿਨਿ ਗੁਪਤੁ ਨਾਮੁ ਪਰਗਾਝਾ॥੨॥		Ho Balihaaree Sathigur Apunae Jin Gupath Naam Paragaajhaa ||2||	I am a sacrifice to my True Guru, who has revealed the Lord's hidden Name to me. ||2||	ਹੇ ਭਾਈ! ਮੈਂ ਆਪਣੇ ਗੁਰੂ ਤੋਂ ਕੁਰਬਾਨ ਜਾਂਦਾ ਹਾਂ ਜਿਸ ਨੇ ਮੇਰੇ ਅੰਦਰ ਹੀ ਗੁੱਝੇ ਵੱਸਦੇ ਪਰਮਾਤਮਾ ਦਾ ਨਾਮ ਪਰਗਟ ਕਰ ਦਿੱਤਾ ॥੨॥
30150	697	ਦਰਸਨੁ ਸਾਧ ਮਿਲਿਓ ਵਡਭਾਗੀ ਸਭਿ ਕਿਲਬਿਖ ਗਏ ਗਵਾਝਾ॥		Dharasan Saadhh Miliou Vaddabhaagee Sabh Kilabikh Geae Gavaajhaa ||	By great good fortune, I obtained the Blessed Vision of the Darshan of the Holy; it removes all stains of sin.	ਹੇ ਭਾਈ! ਜਿਸ ਮਨੁੱਖ ਨੂੰ ਵੱਡੇ ਭਾਗਾਂ ਨਾਲ ਗੁਰੂ ਦਾ ਦਰਸਨ ਪ੍ਰਾਪਤ ਹੁੰਦਾ ਹੈ, ਉਸ ਦੇ ਸਾਰੇ ਪਾਪ ਦੂਰ ਹੋ ਜਾਂਦੇ ਹਨ।

30151	697	ਸਤਿਗੁਰੁ ਸਾਹੁ ਪਾਇਆ ਵਡ ਦਾਣਾ ਹਰਿ ਕੀਏ ਬਹੁ ਗੁਣ ਸਾਝਾ॥੩॥	ਸਾਂਝਾ	Sathigur Saahu Paaeiaa Vadd Dhaanaa Har Keeeae Bahu Gun Saajhaa ||3||	I have found the True Guru, the great, all-knowing King; He has shared with me the many Glorious Virtues of the Lord. ||3||	ਜਿਸ ਨੂੰ ਵੱਡਾ ਸਿਆਣਾ ਤੇ ਸ਼ਾਹ ਗੁਰੂ ਮਿਲ ਪਿਆ, ਗੁਰੂ ਨੇ ਪਰਮਾਤਮਾ ਦੇ ਬਹੁਤੇ ਗੁਣਾਂ ਨਾਲ ਉਸ ਨੂੰ ਸਾਂਝੀਵਾਲ ਬਣਾ ਦਿੱਤਾ ॥੩॥
30152	698	ਜਿਨ ਕਉ ਕ੍ਰਿਪਾ ਕਰੀ ਜਗਜੀਵਨਿ ਹਰਿ ਉਰਿ ਧਾਰਿਓ ਮਨ ਮਾਝਾ॥		Jin Ko Kirapaa Karee Jagajeevan Har Our Dhhaariou Man Maajhaa ||	Those, unto whom the Lord, the Life of the world, has shown Mercy, enshrine Him within their hearts, and cherish Him in their minds.	ਹੇ ਭਾਈ! ਜਗਤ ਦੇ ਜੀਵਨ ਪ੍ਰਭੂ ਨੇ ਜਿਨ੍ਹਾਂ ਮਨੁੱਖਾਂ ਉਤੇ ਕਿਰਪਾ ਕੀਤੀ, ਉਹਨਾਂ ਨੇ ਆਪਣੇ ਮਨ ਵਿਚ ਹਿਰਦੇ ਵਿਚ ਪਰਮਾਤਮਾ ਦਾ ਨਾਮ ਟਿਕਾ ਲਿਆ।
30153	698	ਧਰਮਰਾਇ ਦਰਿ ਕਾਗਦ ਫਾਰੇ ਜਨ ਨਾਨਕ ਲੇਖਾ ਸਮਝਾ॥੪॥੫॥		Dhharam Raae Dhar Kaagadh Faarae Jan Naanak Laekhaa Samajhaa ||4||5||	The Righteous Judge of Dharma, in the Court of the Lord, has torn up my papers; servant Nanak's account has been settled. ||4||5||	ਹੇ ਨਾਨਕ! (ਆਖ-ਹੇ ਭਾਈ) ਧਰਮਰਾਜ ਦੇ ਦਰ ਤੇ ਉਹਨਾਂ ਮਨੁੱਖਾਂ ਦੇ (ਕੀਤੇ ਕਰਮਾਂ ਦੇ ਲੇਖੇ ਦੇ ਸਾਰੇ) ਕਾਗ਼ਜ਼ ਪਾੜ ਦਿੱਤੇ ਗਏ, ਉਹਨਾਂ ਦਾਸਾਂ ਦਾ ਲੇਖਾ ਨਿੱਬੜ ਗਿਆ ॥੪॥੫॥
30154	698	ਜੈਤਸਰੀ ਮਹਲਾ ੪॥		Jaithasaree Mehalaa 4 ||	Jaitsree, Fourth Mehl:	

30155	698	ਸਤਸੰਗਤਿ ਸਾਧ ਪਾਈ ਵਡਭਾਗੀ ਮਨੁ ਚਲਤੋ ਭਇਓ ਅਰੂੜਾ॥	(ਅਰੂੜਾ) ਅਸਥਿਤ	Sathasangath Saadhh Paaee Vaddabhaagee Man Chalatha Bhaeiou Aroorraa ||	In the Sat Sangat, the True Congregation, I found the Holy, by great good fortune; my restless mind has been quieted.	ਹੇ ਭਾਈ! ਜਿਸ ਮਨੁੱਖ ਨੇ ਵੱਡੇ ਭਾਗਾਂ ਨਾਲ ਗੁਰੂ ਦੀ ਸਾਧ ਸੰਗਤਿ ਪ੍ਰਾਪਤ ਕਰ ਲਈ, ਉਸ ਦਾ ਭਟਕਦਾ ਮਨ ਟਿਕ ਗਿਆ।
30156	698	ਅਨਹਤ ਧੁਨਿ ਵਾਜਹਿ ਨਿਤ ਵਾਜੇ ਹਰਿ ਅੰਮ੍ਰਿਤਧਾਰ ਰਸਿ ਲੀੜਾ॥੧॥	(ਲ੍ਹੀੜਾ) ਪੀਤਾ	Anehath Dhhun Vaajehi Nith Vaajae Har Anmrith Dhhaar Ras Leerraa ||1||	The unstruck melody ever vibrates and resounds; I have taken in the sublime essence of the Lord's Ambrosial Nectar, showering down. ||1||	ਉਸ ਦੇ ਅੰਦਰ ਇਕ-ਰਸ ਰੌ ਨਾਲ (ਮਾਨੋ) ਸਦਾ ਵਾਜੇ ਵੱਜਦੇ ਰਹਿੰਦੇ ਹਨ। ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ ਧਾਰ ਪ੍ਰੇਮ ਨਾਲ (ਪੀ ਪੀ ਕੇ) ਉਹ ਰੱਜ ਜਾਂਦਾ ਹੈ ॥੧॥
30157	698	ਮੇਰੇ ਮਨ ਜਪਿ ਰਾਮ ਨਾਮੁ ਹਰਿ ਰੂੜਾ॥	(ਰੂੜਾ) ਸੁੰਦਰ	Maerae Man Jap Raam Naam Har Roorraa ||	O my mind, chant the Name of the Lord, the beauteous Lord.	ਹੇ ਮੇਰੇ ਮਨ! ਸੋਹਣੇ ਪਰਮਾਤਮਾ ਦਾ ਨਾਮ (ਸਦਾ) ਜਪਿਆ ਕਰ।
30158	698	ਮੇਰੈ ਮਨਿ ਤਨਿ ਪ੍ਰੀਤਿ ਲਗਾਈ ਸਤਿਗੁਰਿ ਹਰਿ ਮਿਲਿਓ ਲਾਇ ਝਪੀੜਾ॥ਰਹਾਉ॥	(ਝਪੀੜਾ) ਜੱਫੀ ਪਾ ਕੇ	Maerai Man Than Preeth Lagaaee Sathigur Har Miliou Laae Jhapeerraa || Rehaao ||	The True Guru has drenched my mind and body with the Love of the Lord, who has met me and lovingly embraced me. ||Pause||	ਹੇ ਭਾਈ! ਗੁਰੂ ਨੇ ਮੇਰੇ ਮਨ ਵਿਚ, ਮੇਰੇ ਹਿਰਦੇ ਵਿਚ, ਪਰਮਾਤਮਾ ਦਾ ਪਿਆਰ ਪੈਦਾ ਕਰ ਦਿੱਤਾ ਹੈ, ਹੁਣ ਪਰਮਾਤਮਾ ਮੈਨੂੰ ਜੱਫੀ ਪਾ ਕੇ ਮਿਲ ਪਿਆ ਹੈ ਰਹਾਉ॥

30159	698	ਸਾਕਤ ਬੰਧ ਭਏ ਹੈ ਮਾਇਆ ਬਿਖੁ ਸੰਚਹਿ ਲਾਇ ਜਕੀੜਾ॥	(ਜਕੀੜਾ) ਜ਼ੋਰ	Saakath Bandhh Bheae Hai Maaeiaa Bikh Sanchehi Laae Jakeerraa ||	The faithless cynics are bound and gagged in the chains of Maya; they are actively engaged, gathering in the poisonous wealth.	ਹੇ ਭਾਈ! ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਮਾਇਆ ਦੇ ਮੋਹ ਵਿਚ ਬੱਝੇ ਰਹਿੰਦੇ ਹਨ। ਉਹ ਜ਼ੋਰ ਲਾ ਕੇ (ਆਤਮਕ ਮੌਤ ਲਿਆਉਣ ਵਾਲੀ ਮਾਇਆ) ਜ਼ਹਿਰ ਹੀ ਇਕੱਠੀ ਕਰਦੇ ਰਹਿੰਦੇ ਹਨ।
30160	698	ਹਰਿ ਕੈ ਅਰਥਿ ਖਰਚਿ ਨਹ ਸਾਕਹਿ ਜਮਕਾਲੁ ਸਹਹਿ ਸਿਰਿ ਪੀੜਾ॥੨॥		Har Kai Arathh Kharach Neh Saakehi Jamakaal Sehehi Sir Peerraa ||2||	They cannot spend this in harmony with the Lord, and so they must endure the pain which the Messenger of Death inflicts upon their heads. ||2||	ਉਹ ਮਨੁੱਖ ਉਸ ਮਾਇਆ ਨੂੰ ਪਰਮਾਤਮਾ ਦੇ ਰਾਹ ਤੇ ਖ਼ਰਚ ਨਹੀਂ ਸਕਦੇ, (ਇਸ ਵਾਸਤੇ ਉਹ) ਆਤਮਕ ਮੌਤ ਦਾ ਦੁੱਖ ਆਪਣੇ ਸਿਰ ਉਤੇ ਸਹਾਰਦੇ ਹਨ ॥੨॥
30161	698	ਜਿਨ ਹਰਿ ਅਰਥਿ ਸਰੀਰੁ ਲਗਾਇਆ ਗੁਰ ਸਾਧੂ ਬਹੁ ਸਰਧਾ ਲਾਇ ਮੁਖਿ ਧੂੜਾ॥	(ਅਰਥਿ) ਲਈ	Jin Har Arathh Sareer Lagaaeiaa Gur Saadhhoo Bahu Saradhhaa Laae Mukh Dhhoorraa ||	The Holy Guru has dedicated His Being to the Lord's service; with great devotion apply the dust of His feet to your face.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਬੜੀ ਸਰਧਾ ਨਾਲ ਗੁਰੂ ਦੇ ਚਰਨਾਂ ਦੀ ਧੂੜ ਆਪਣੇ ਮੱਥੇ ਉਤੇ ਲਾ ਕੇ ਆਪਣਾ ਸਰੀਰ ਪਰਮਾਤਮਾ ਦੇ ਅਰਪਣ ਕਰ ਦਿੱਤਾ,

30162	698	ਹਲਤਿ ਪਲਤਿ ਹਰਿ ਸੋਭਾ ਪਾਵਹਿ ਹਰਿ ਰੰਗੁ ਲਗਾ ਮਨਿ ਗੂੜਾ॥੩॥		Halath Palath Har Sobhaa Paavehi Har Rang Lagaa Man Goorraa ||3||	In this world and the next, you shall receive the Lord's honor, and your mind shall be imbued with the permanent color of the Lord's Love. ||3||	ਉਹ ਮਨੁੱਖ ਇਸ ਲੋਕ ਵਿਚ ਪਰਲੋਕ ਵਿਚ ਸੋਭਾ ਖੱਟਦੇ ਹਨ, ਉਹਨਾਂ ਦੇ ਮਨ ਵਿਚ ਪਰਮਾਤਮਾ ਨਾਲ ਗੂੜ੍ਹਾ ਪਿਆਰ ਬਣ ਜਾਂਦਾ ਹੈ ॥੩॥
30163	698	ਹਰਿ ਹਰਿ ਮੇਲਿ ਮੇਲਿ ਜਨ ਸਾਧੂ ਹਮ ਸਾਧ ਜਨਾ ਕਾ ਕੀੜਾ॥		Har Har Mael Mael Jan Saadhhoo Ham Saadhh Janaa Kaa Keerraa ||	O Lord, Har, Har, please unite me with the Holy; compared to these Holy people, I am just a worm.	ਹੇ ਹਰੀ! ਹੇ ਪ੍ਰਭੂ! ਮੈਨੂੰ ਗੁਰੂ ਮਿਲਾ, ਮੈਨੂੰ ਗੁਰੂ ਮਿਲਾ, ਮੈਂ ਗੁਰੂ ਦੇ ਸੇਵਕਾਂ ਦਾ ਨਿਮਾਣਾ ਦਾਸ ਹਾਂ।
30164	698	ਜਨ ਨਾਨਕ ਪ੍ਰੀਤਿ ਲਗੀ ਪਗ ਸਾਧ ਗੁਰ ਮਿਲਿ ਸਾਧੂ ਪਾਖਾਣੁ ਹਰਿਓ ਮਨੁ ਮੂੜਾ॥੪॥੬॥	(ਪਾਖਾਣੁ) ਪੱਥਰ। ਪਲ:ਪੋਲਾ ਬੋਲੋ। ਮੂੜ੍ਹਾ	Jan Naanak Preeth Lagee Pag Saadhh Gur Mil Saadhhoo Paakhaan Hariou Man Moorraa ||4||6||	Servant Nanak has enshrined love for the feet of the Holy Guru; meeting with this Holy One, my foolish, stone-like mind has blossomed forth in lush profusion. ||4||6||	ਹੇ ਦਾਸ ਨਾਨਕ! (ਆਖ-) ਜਿਸ ਮਨੁੱਖ ਦੇ ਅੰਦਰ ਗੁਰੂ ਦੇ ਚਰਨਾਂ ਦਾ ਪਿਆਰ ਬਣ ਜਾਂਦਾ ਹੈ, ਗੁਰੂ ਨੂੰ ਮਿਲ ਕੇ ਉਸ ਦਾ ਮੂਰਖ ਅਭਿੱਜ ਮਨ ਹਰਾ ਹੋ ਜਾਂਦਾ ਹੈ ॥੪॥੬॥
30165	698	ਜੈਤਸਰੀ ਮਹਲਾ ੪ ਘਰੁ ੨		Jaithasaree Mehalaa 4 Ghar 2	Jaitsree, Fourth Mehl, Second House:	ਰਾਗ ਜੈਤਸਰੀ, ਘਰ ੨ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।

30166	698	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30167	698	ਹਰਿ ਹਰਿ ਸਿਮਰਹੁ ਅਗਮ ਅਪਾਰਾ॥		Har Har Simarahu Agam Apaaraa ||	Remember in meditation the Lord, Har, Har, the unfathomable, infinite Lord.	ਹੇ ਭਾਈ! ਉਸ ਅਪਹੁੰਚ ਅਤੇ ਬੇਅੰਤ ਪਰਮਾਤਮਾ ਦਾ ਨਾਮ ਸਿਮਰਿਆ ਕਰੋ,
30168	698	ਜਿਸੁ ਸਿਮਰਤ ਦੁਖੁ ਮਿਟੈ ਹਮਾਰਾ॥		Jis Simarath Dhukh Mittai Hamaaraa ||	Remembering Him in meditation, pains are dispelled.	ਜਿਸ ਨੂੰ ਸਿਮਰਿਆਂ ਅਸਾਂ ਜੀਵਾਂ ਦਾ ਹਰੇਕ ਦੁੱਖ ਦੂਰ ਹੋ ਸਕਦਾ ਹੈ।
30169	698	ਹਰਿ ਹਰਿ ਸਤਿਗੁਰੁ ਪੁਰਖੁ ਮਿਲਾਵਹੁ ਗੁਰਿ ਮਿਲਿਐ ਸੁਖੁ ਹੋਈ ਰਾਮ॥੧॥		Har Har Sathigur Purakh Milaavahu Gur Miliai Sukh Hoee Raam ||1||	O Lord, Har, Har, lead me to meet the True Guru; meeting the Guru, I am at peace. ||1||	ਹੇ ਹਰੀ! ਹੇ ਪ੍ਰਭੂ! ਸਾਨੂੰ ਗੁਰੂ ਮਹਾ ਪੁਰਖ ਮਿਲਾ ਦੇ। ਜੇ ਗੁਰੂ ਮਿਲ ਪਏ, ਤਾਂ ਆਤਮਕ ਆਨੰਦ ਪ੍ਰਾਪਤ ਹੋ ਜਾਂਦਾ ਹੈ ॥੧॥
30170	698	ਹਰਿ ਗੁਣ ਗਾਵਹੁ ਮੀਤ ਹਮਾਰੇ॥		Har Gun Gaavahu Meeth Hamaarae ||	Sing the Glorious Praises of the Lord, O my friend.	ਹੇ ਮੇਰੇ ਮਿੱਤਰੋ! ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਇਆ ਕਰੋ,
30171	698	ਹਰਿ ਹਰਿ ਨਾਮੁ ਰਖਹੁ ਉਰ ਧਾਰੇ॥		Har Har Naam Rakhahu Our Dhhaarae ||	Cherish the Name of the Lord, Har, Har, in your heart.	ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਟਿਕਾਈ ਰੱਖੋ।

30172	698	ਹਰਿ ਹਰਿ ਅੰਮ੍ਰਿਤ ਬਚਨ ਸੁਣਾਵਹੁ ਗੁਰ ਮਿਲਿਐ ਪਰਗਟੁ ਹੋਈ ਰਾਮ॥੨॥		Har Har Anmrith Bachan Sunaavahu Gur Miliai Paragatt Hoee Raam ||2||	Read the Ambrosial Words of the Lord, Har, Har; meeting with the Guru, the Lord is revealed. ||2||	ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਆਤਮਕ ਜੀਵਨ ਦੇਣ ਵਾਲੇ ਬੋਲ (ਮੈਨੂੰ ਭੀ) ਸੁਣਾਇਆ ਕਰੋ। (ਹੇ ਮਿੱਤਰੋ! ਗੁਰੂ ਦੀ ਸਰਨ ਪਏ ਰਹੋ), ਜੇ ਗੁਰੂ ਮਿਲ ਪਏ, ਤਾਂ ਪਰਮਾਤਮਾ ਹਿਰਦੇ ਵਿਚ ਪਰਗਟ ਹੋ ਜਾਂਦਾ ਹੈ ॥੨॥
30173	698	ਮਧੁਸੂਦਨ ਹਰਿ ਮਾਧੋ ਪ੍ਰਾਨਾ॥	ਮਧੁ-ਸੂਦਨ	Madhhusoodhan Har Maadhho Praanaa ||	The Lord, the Slayer of demons, is my breath of life.	ਹੇ ਦੂਤਾਂ ਦੇ ਨਾਸ ਕਰਨ ਵਾਲੇ! ਹੇ ਮਾਇਆ ਦੇ ਪਤੀ! ਹੇ ਮੇਰੀ ਜਿੰਦ (ਦੇ ਸਹਾਰੇ)!
30174	698	ਮੇਰੈ ਮਨਿ ਤਨਿ ਅੰਮ੍ਰਿਤ ਮੀਠ ਲਗਾਨਾ॥		Maerai Man Than Anmrith Meeth Lagaanaa ||	His Ambrosial Amrit is so sweet to my mind and body.	ਮੇਰੇ ਮਨ ਵਿਚ, ਮੇਰੇ ਹਿਰਦੇ ਵਿਚ, ਆਤਮਕ ਜੀਵਨ ਦੇਣ ਵਾਲਾ ਤੇਰਾ ਨਾਮ ਮਿੱਠਾ ਲੱਗ ਰਿਹਾ ਹੈ।
30175	698	ਹਰਿ ਹਰਿ ਦਇਆ ਕਰਹੁ ਗੁਰੁ ਮੇਲਹੁ ਪੁਰਖੁ ਨਿਰੰਜਨੁ ਸੋਈ ਰਾਮ॥੩॥		Har Har Dhaeiaa Karahu Gur Maelahu Purakh Niranjan Soee Raam ||3||	O Lord, Har, Har, have mercy upon me, and lead me to meet the Guru, the immaculate Primal Being. ||3||	ਹੇ ਹਰੀ! ਹੇ ਪ੍ਰਭੂ! (ਮੇਰੇ ਉਤੇ) ਮੇਹਰ ਕਰ, ਮੈਨੂੰ ਉਹ ਮਹਾ ਪੁਰਖ ਗੁਰੂ ਮਿਲਾ ਜੋ ਮਾਇਆ ਦੇ ਪ੍ਰਭਾਵ ਤੋਂ ਉਤਾਂਹ ਹੈ ॥੩॥
30176	698	ਹਰਿ ਹਰਿ ਨਾਮੁ ਸਦਾ ਸੁਖਦਾਤਾ॥		Har Har Naam Sadhaa Sukhadhaathaa ||	The Name of the Lord, Har, Har, is forever the Giver of peace.	ਹੇ ਭਾਈ! ਪਰਮਾਤਮਾ ਦਾ ਨਾਮ ਸਦਾ ਸੁਖ ਦੇਣ ਵਾਲਾ ਹੈ।

30177	698	ਹਰਿ ਕੈ ਰੰਗਿ ਮੇਰਾ ਮਨੁ ਰਾਤਾ॥		Har Kai Rang Maeraa Man Raathaa ||	My mind is imbued with the Lord's Love.	ਮੇਰਾ ਮਨ ਉਸ ਪਰਮਾਤਮਾ ਦੇ ਪਿਆਰ ਵਿਚ ਮਸਤ ਰਹਿੰਦਾ ਹੈ।
30178	698	ਹਰਿ ਹਰਿ ਮਹਾਪੁਰਖੁ ਗੁਰੁ ਮੇਲਹੁ ਗੁਰ ਨਾਨਕ ਨਾਮਿ ਸੁਖੁ ਹੋਈ ਰਾਮ॥੪॥੧॥੭॥		Har Har Mehaa Purakh Gur Maelahu Gur Naanak Naam Sukh Hoee Raam ||4||1||7||	O Lord Har, Har, lead me to meet the Guru, the Greatest Being; through the Name of Guru Nanak, I have found peace. ||4||1||7||	ਹੇ ਨਾਨਕ! (ਆਖ-) ਹੇ ਹਰੀ! ਮੈਨੂੰ ਗੁਰੂ ਮਹਾ ਪੁਰਖ ਮਿਲਾ। ਹੇ ਗੁਰੂ! (ਤੇਰੇ ਬਖ਼ਸ਼ੇ) ਹਰਿ-ਨਾਮ ਵਿਚ ਜੁੜਿਆਂ ਆਤਮਕ ਆਨੰਦ ਮਿਲਦਾ ਹੈ ॥੪॥੧॥੭॥
30179	698	ਜੈਤਸਰੀ ਮਃ ੪॥		Jaithasaree Ma 4 ||	Jaitsree, Fourth Mehl:	
30180	698	ਹਰਿ ਹਰਿ ਹਰਿ ਹਰਿ ਨਾਮੁ ਜਪਾਹਾ॥		Har Har Har Har Naam Japaahaa ||	Chant the Name of the Lord, Har, Har, Har, Har.	ਹੇ ਭਾਈ! ਸਦਾ ਹੀ ਪਰਮਾਤਮਾ ਦਾ ਨਾਮ ਜਪਿਆ ਕਰੋ।
30181	698	ਗੁਰਮੁਖਿ ਨਾਮੁ ਸਦਾ ਲੈ ਲਾਹਾ॥	ਗੋਵਿੰਦ (ਗੁਰਮੁਖਿ) ਮੁਖੀ ਗੁਰਾਂ ਦੁਆਰੇ	Guramukh Naam Sadhaa Lai Laahaa ||	As Gurmukh, ever earn the profit of the Naam.	ਗੁਰੂ ਦੀ ਸਰਨ ਪੈ ਕੇ ਸਦਾ ਪਰਮਾਤਮਾ ਦਾ ਨਾਮ-ਖੱਟੀ ਖੱਟਦੇ ਰਹੋ।
30182	698	ਹਰਿ ਹਰਿ ਹਰਿ ਹਰਿ ਭਗਤਿ ਦ੍ਰਿੜਾਵਹੁ ਹਰਿ ਹਰਿ ਨਾਮੁ ਓਮਾਹਾ ਰਾਮ॥੧॥	ੳ:ਔਂਕੜ ਹੋੜੇ ਵਿਚਾਲੇ ਬੋਲੋ	Har Har Har Har Bhagath Dhrirraavahu Har Har Naam Oumaahaa Raam ||1||	Implant within yourself devotion to the Lord, Har, Har, Har, Har; sincerely dedicate yourself to the Name of the Lord, Har, Har. ||1||	ਹੇ ਭਾਈ! ਪਰਮਾਤਮਾ ਦੀ ਭਗਤੀ ਆਪਣੇ ਹਿਰਦੇ ਵਿਚ ਪੱਕੀ ਕਰ ਕੇ ਟਿਕਾ ਲਵੋ। ਪਰਮਾਤਮਾ ਦਾ ਨਾਮ (ਮਨੁੱਖ ਦੇ ਮਨ ਵਿਚ) ਆਨੰਦ ਪੈਦਾ ਕਰਦਾ ਹੈ ॥੧॥

30183	698	ਹਰਿ ਹਰਿ ਨਾਮੁ ਦਇਆਲੁ ਧਿਆਹਾ॥		Har Har Naam Dhaeiaal Dhhiaahaa ||	Meditate on the Name of the Merciful Lord, Har, Har.	ਹੇ ਭਾਈ! ਪਰਮਾਤਮਾ ਦਇਆ ਦਾ ਸੋਮਾ ਹੈ, ਉਸ ਦਾ ਨਾਮ ਸਦਾ ਸਿਮਰਦੇ ਰਹੋ।
30184	698	ਹਰਿ ਕੈ ਰੰਗਿ ਸਦਾ ਗੁਣ ਗਾਹਾ॥		Har Kai Rang Sadhaa Gun Gaahaa ||	WIth love, forever sing the Glorious Praises of the Lord.	ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਟਿਕ ਕੇ ਉਸ ਦੇ ਗੁਣ ਗਾਂਦੇ ਰਹੋ।
30185	698	ਹਰਿ ਹਰਿ ਹਰਿ ਜਸੁ ਘੂਮਰਿ ਪਾਵਹੁ ਮਿਲਿ ਸਤਸੰਗਿ ਉਮਾਹਾ ਰਾਮ॥੨॥	(ਘੂਮਰਿ) ਘੁੰਮ ਘੁੰਮ ਕੇ ਨਾਚ	Har Har Har Jas Ghoomar Paavahu Mil Sathasang Oumaahaa Raam ||2||	Dance to the Praises of the Lord, Har, Har, Har; meet with the Sat Sangat, the True Congregation, with sincerity. ||2||	ਹੇ ਭਾਈ! ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਰਹੋ (ਸਿਫ਼ਤ-ਸਾਲਾਹ ਮਨ ਨੂੰ ਮਸਤ ਕਰਨ ਵਾਲਾ ਨਾਚ ਹੈ, ਇਹ) ਨਾਚ ਨੱਚੋ। ਹੇ ਭਾਈ! ਸਾਧ ਸੰਗਤਿ ਵਿਚ ਮਿਲ ਕੇ ਆਤਮਕ ਆਨੰਦ ਮਾਣਿਆ ਕਰੋ ॥੨॥
30186	698	ਆਉ ਸਖੀ ਹਰਿ ਮੇਲਿ ਮਿਲਾਹਾ॥		Aao Sakhee Har Mael Milaahaa ||	Come, O companions - let us unite in the Lord's Union.	ਹੇ ਸੰਤ ਸੰਗੀਓ! ਆਓ, ਰਲ ਕੇ ਪ੍ਰਭੂ ਦੇ ਚਰਨਾਂ ਵਿਚ ਜੁੜੀਏ।
30187	698	ਸੁਣਿ ਹਰਿ ਕਥਾ ਨਾਮੁ ਲੈ ਲਾਹਾ॥		Sun Har Kathhaa Naam Lai Laahaa ||	Listening to the sermon of the Lord, earn the profit of the Naam.	ਹੇ ਸਤ ਸੰਗੀਓ! ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਸੁਣ ਕੇ ਪਰਮਾਤਮਾ ਦੇ ਨਾਮ-ਸਿਮਰਨ ਦੀ ਖੱਟੀ ਖੱਟਦੇ ਰਹੋ।

30188	699	ਹਰਿ ਹਰਿ ਕ੍ਰਿਪਾ ਧਾਰਿ ਗੁਰ ਮੇਲਹੁ ਗੁਰਿ ਮਿਲਿਐ ਹਰਿ ਉਮਾਹਾ ਰਾਮ॥੩॥		Har Har Kirapaa Dhhaar Gur Maelahu Gur Miliai Har Oumaahaa Raam ||3||	O Lord, Har, Har, be merciful to me, and lead me to meet the Guru; meeting the Guru, a sincere yearning for the Lord wells up in me. ||3||	(ਪ੍ਰਭੂ-ਦਰ ਤੇ ਅਰਦਾਸ ਕਰੋ-) ਹੇ ਪ੍ਰਭੂ! ਮੇਹਰ ਕਰ, (ਸਾਨੂੰ) ਗੁਰੂ ਮਿਲਾ। ਹੇ ਸਤ ਸੰਗੀਓ! ਜੇ ਗੁਰੂ ਮਿਲ ਪਏ, ਤਾਂ (ਹਿਰਦੇ ਵਿਚ) ਆਨੰਦ ਪੈਦਾ ਹੋ ਜਾਂਦਾ ਹੈ ॥੩॥
30189	699	ਕਰਿ ਕੀਰਤਿ ਜਸੁ ਅਗਮ ਅਥਾਹਾ॥		Kar Keerath Jas Agam Athhaahaa ||	Praise Him, the unfathomable and inaccessible Lord.	ਹੇ ਭਾਈ! ਉਸ ਅਪਹੁੰਚ ਅਤੇ ਡੂੰਘੇ ਜਿਗਰੇ ਵਾਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰ ਕੇ, ਜਸ ਕਰ ਕੇ,
30190	699	ਖਿਨੁ ਖਿਨੁ ਰਾਮ ਨਾਮੁ ਗਾਵਾਹਾ॥		Khin Khin Raam Naam Gaavaahaa ||	Each and every moment, sing the Lord's Name.	ਹਰ ਵੇਲੇ ਉਸ ਦਾ ਨਾਮ ਜਪਿਆ ਕਰੋ।
30191	699	ਮੋਕਉ ਧਾਰਿ ਕ੍ਰਿਪਾ ਮਿਲੀਐ ਗੁਰ ਦਾਤੇ ਹਰਿ ਨਾਨਕ ਭਗਤਿ ਉਮਾਹਾ ਰਾਮ॥੪॥੨॥੮॥		Mo Ko Dhhaar Kirapaa Mileeai Gur Dhaathae Har Naanak Bhagath Oumaahaa Raam ||4||2||8||	Be merciful, and meet me, O Guru, Great Giver; Nanak yearns for the Lord's devotional worship. ||4||2||8||	ਹੇ ਨਾਨਕ! (ਆਖ-) ਹੇ ਨਾਮ ਦੀ ਦਾਤਿ ਦੇਣ ਵਾਲੇ ਗੁਰੂ! ਮੇਰੇ ਉਤੇ ਮੇਹਰ ਕਰ, ਮੈਨੂੰ ਮਿਲ, (ਤੇਰੇ ਮਿਲਾਪ ਦੀ ਬਰਕਤਿ ਨਾਲ ਮੇਰੇ ਅੰਦਰ) ਭਗਤੀ ਕਰਨ ਦਾ ਚਾਉ ਪੈਦਾ ਹੋਵੇ ॥੪॥੨॥੮॥
30192	699	ਜੈਤਸਰੀ ਮਃ ੪॥		Jaithasaree Ma 4 ||	Jaitsree, Fourth Mehl:	

30193	699	ਰਸਿ ਰਸਿ ਰਾਮੁ ਰਸਾਲੁ ਸਲਾਹਾ॥		Ras Ras Raam Rasaal Salaahaa ||	With love and energetic affection, praise the Lord, the storehouse of Nectar.	ਹੇ ਭਾਈ! ਅਸੀਂ ਬੜੇ ਆਨੰਦ ਨਾਲ ਰਸੀਲੇ ਰਾਮ ਦੀ ਸਿਫ਼ਤ-ਸਾਲਾਹ ਕਰਦੇ ਹਾਂ।
30194	699	ਮਨੁ ਰਾਮ ਨਾਮਿ ਭੀਨਾ ਲੈ ਲਾਹਾ॥		Man Raam Naam Bheenaa Lai Laahaa ||	My mind is drenched with the Lord's Name, and so it earns this profit.	ਸਾਡਾ ਮਨ ਰਾਮ ਦੇ ਨਾਮ-ਰਸ ਵਿਚ ਭਿੱਜ ਰਿਹਾ ਹੈ, ਅਸੀਂ (ਹਰਿ-ਨਾਮ ਦੀ) ਖੱਟੀ ਖੱਟ ਰਹੇ ਹਾਂ।
30195	699	ਖਿਨੁ ਖਿਨੁ ਭਗਤਿ ਕਰਹ ਦਿਨੁ ਰਾਤੀ ਗੁਰਮਤਿ ਭਗਤਿ ਉਮਾਹਾ ਰਾਮ॥੧॥		Khin Khin Bhagath Kareh Dhin Raathee Guramath Bhagath Oumaahaa Raam ||1||	Each and every moment, worship Him in devotion, day and night; through the Guru's Teachings, sincere love and devotion well up. ||1||	ਅਸੀਂ ਹਰ ਵੇਲੇ ਦਿਨ ਰਾਤ ਪਰਮਾਤਮਾ ਦੀ ਭਗਤੀ ਕਰਦੇ ਹਾਂ। ਗੁਰੂ ਦੀ ਮਤਿ ਦੀ ਬਰਕਤਿ ਨਾਲ (ਸਾਡੇ ਅੰਦਰ ਪ੍ਰਭੂ ਦੀ) ਭਗਤੀ ਦਾ ਚਾਉ ਬਣ ਰਿਹਾ ਹੈ ॥੧॥
30196	699	ਹਰਿ ਹਰਿ ਗੁਣ ਗੋਵਿੰਦ ਜਪਾਹਾ॥		Har Har Gun Govindh Japaahaa ||	Chant the Glorious Praises of the Lord of the Universe, Har, Har.	ਹੇ ਭਾਈ! ਅਸੀਂ ਗੋਬਿੰਦ ਹਰੀ ਦੇ ਗੁਣ ਗਾ ਰਹੇ ਹਾਂ।
30197	699	ਮਨੁ ਤਨੁ ਜੀਤਿ ਸਬਦੁ ਲੈ ਲਾਹਾ॥		Man Than Jeeth Sabadh Lai Laahaa ||	Conquering mind and body, I have earned the profit of the Shabad.	(ਇਸੇ ਤਰ੍ਹਾਂ ਆਪਣੇ) ਮਨ ਨੂੰ ਸਰੀਰ ਨੂੰ ਵੱਸ ਵਿਚ ਕਰ ਕੇ ਗੁਰੂ-ਸ਼ਬਦ (ਦਾ) ਲਾਭ ਪ੍ਰਾਪਤ ਕਰ ਰਹੇ ਹਾਂ।

30198	699	ਗੁਰਮਤਿ ਪੰਚ ਦੂਤ ਵਸਿ ਆਵਹਿ ਮਨਿ ਤਨਿ ਹਰਿ ਓਮਾਹਾ ਰਾਮ॥੨॥		Guramath Panch Dhooth Vas Aavehi Man Than Har Oumaahaa Raam ||2||	Through the Guru's Teachings, the five demons are over-powered, and the mind and body are filled with a sincere yearning for the Lord. ||2||	ਹੇ ਭਾਈ! ਗੁਰੂ ਦੀ ਮਤਿ ਲਿਆਂ (ਕਾਮਾਦਿਕ) ਪੰਜੇ ਵੈਰੀ ਵੱਸ ਵਿਚ ਆ ਜਾਂਦੇ ਹਨ, ਮਨ ਵਿਚ ਹਿਰਦੇ ਵਿਚ ਹਰਿ-ਨਾਮ ਜਪਣ ਦਾ ਉਤਸ਼ਾਹ ਬਣ ਜਾਂਦਾ ਹੈ ॥੨॥
30199	699	ਨਾਮੁ ਰਤਨੁ ਹਰਿ ਨਾਮੁ ਜਪਾਹਾ॥		Naam Rathan Har Naam Japaahaa ||	The Name is a jewel - chant the Lord's Name.	ਹੇ ਭਾਈ! ਹਰਿ-ਨਾਮ ਰਤਨ (ਵਰਗਾ ਕੀਮਤੀ ਪਦਾਰਥ ਹੈ, ਅਸੀਂ ਇਹ) ਹਰਿ-ਨਾਮ ਜਪ ਰਹੇ ਹਾਂ।
30200	699	ਹਰਿ ਗੁਣ ਗਾਇ ਸਦਾ ਲੈ ਲਾਹਾ॥		Har Gun Gaae Sadhaa Lai Laahaa ||	Sing the Glorious Praises of the Lord, and forever earn this profit.	ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾ ਗਾ ਕੇ ਸਦਾ ਕਾਇਮ ਰਹਿਣ ਵਾਲੀ ਖੱਟੀ ਖੱਟ ਰਹੇ ਹਾਂ।
30201	699	ਦੀਨ ਦਇਆਲ ਕ੍ਰਿਪਾ ਕਰਿ ਮਾਧੋ ਹਰਿ ਹਰਿ ਨਾਮੁ ਓਮਾਹਾ ਰਾਮ॥੩॥		Dheen Dhaeiaal Kirapaa Kar Maadhho Har Har Naam Oumaahaa Raam ||3||	O Lord, merciful to the meek, be kind to me, and bless me with sincere longing for the Name of the Lord, Har, Har. ||3||	ਹੇ ਦੀਨਾਂ ਉੱਤੇ ਦਇਆ ਕਰਨ ਵਾਲੇ ਪ੍ਰਭੂ! ਮੇਹਰ ਕਰ, ਸਾਡੇ ਮਨ ਵਿਚ ਤੇਰਾ ਨਾਮ ਜਪਣ ਦਾ ਚਾਉ ਬਣਿਆ ਰਹੇ ॥੩॥
30202	699	ਜਪਿ ਜਗਦੀਸੁ ਜਪਉ ਮਨ ਮਾਹਾ॥	ਜੱਗਦੀਸੁ	Jap Jagadhees Japo Man Maahaa ||	Meditate on the Lord of the world - meditate within your mind.	ਹੇ ਸਲਾਹੁਣ-ਜੋਗ ਪ੍ਰਭੂ! ਹੇ ਮੇਰੇ ਸਭ ਤੋਂ ਵੱਡੇ ਮਾਲਕ! ਮੈਂ ਤੈਨੂੰ ਜਗਤ ਦੇ ਮਾਲਕ ਨੂੰ ਆਪਣੇ ਮਨ ਵਿਚ ਸਦਾ ਜਪਦਾ ਰਹਾਂ,

30203	699	ਹਰਿ ਹਰਿ ਜਗੰਨਾਥੁ ਜਗਿ ਲਾਹਾ॥		Har Har Jagannaathh Jag Laahaa ||	The Lord of the Universe, Har, Har, is the only real profit in this world.	(ਕਿਉਂਕਿ) ਹੇ ਹਰੀ! ਤੈਨੂੰ ਜਗਤ ਦੇ ਨਾਥ ਨੂੰ ਸਦਾ ਜਪਣਾ ਹੀ ਜਗਤ ਵਿਚ (ਅਸਲ) ਲਾਭ ਹੈ,
30204	699	ਧਨੁ ਧਨੁ ਵਡੇ ਠਾਕੁਰ ਪ੍ਰਭ ਮੇਰੇ ਜਪਿ ਨਾਨਕ ਭਗਤਿ ਓਮਾਹਾ ਰਾਮ॥੪॥੩॥੯॥		Dhhan Dhhan Vaddae Thaakur Prabh Maerae Jap Naanak Bhagath Oumaahaa Raam ||4||3||9||	Blessed, blessed, is my Great Lord and Master God; O Nanak, meditate on Him, worship Him with sincere love and devotion. ||4||3||9||	ਹੇ ਨਾਨਕ! (ਆਖ-) ਹੇ ਸਲਾਹੁਣ ਦੇ ਯੋਗ ਮਾਲਕ! ਮੇਹਰ ਕਰ, ਤੇਰਾ ਨਾਮ ਜਪ ਕੇ (ਮੇਰੇ ਅੰਦਰ ਤੇਰੀ) ਭਗਤੀ ਦਾ ਉਤਸ਼ਾਹ ਬਣਿਆ ਰਹੇ ॥੪॥੩॥੯॥
30205	699	ਜੈਤਸਰੀ ਮਹਲਾ ੪॥		Jaithasaree Mehalaa 4 ||	Jaitsree, Fourth Mehl:	
30206	699	ਆਪੇ ਜੋਗੀ ਜੁਗਤਿ ਜੁਗਾਹਾ॥	(ਜੁਗਾਹਾ) ਜੁੜੇ ਹੋਏ	Aapae Jogee Jugath Jugaahaa ||	He Himself is the Yogi, and the way throughout the ages.	ਹੇ ਭਾਈ! ਪਰਮਾਤਮਾ ਆਪ ਹੀ ਜੋਗੀ ਹੈ, ਆਪ ਹੀ ਸਭ ਜੁਗਾਂ ਵਿਚ ਜੋਗ ਦੀ ਜੁਗਤਿ ਹੈ,
30207	699	ਆਪੇ ਨਿਰਭਉ ਤਾੜੀ ਲਾਹਾ॥	(ਤਾੜੀ) ਸਮਾਧੀ	Aapae Nirabho Thaarree Laahaa ||	The Fearless Lord Himself is absorbed in Samaadhi.	ਆਪ ਹੀ ਨਿਡਰ ਹੋ ਕੇ ਸਮਾਧੀ ਲਾਂਦਾ ਹੈ।
30208	699	ਆਪੇ ਹੀ ਆਪਿ ਆਪਿ ਵਰਤੈ ਆਪੇ ਨਾਮਿ ਓਮਾਹਾ ਰਾਮ॥੧॥		Aapae Hee Aap Aap Varathai Aapae Naam Oumaahaa Raam ||1||	He Himself, all by Himself, is all-pervading; He Himself blesses us with sincere love for the Naam, the Name of the Lord. ||1||	ਸਭ ਥਾਂ ਆਪ ਹੀ ਆਪ ਕੰਮ ਕਰ ਰਿਹਾ ਹੈ, ਆਪ ਹੀ ਨਾਮ ਵਿਚ ਜੋੜ ਕੇ ਸਿਮਰਨ ਦਾ ਉਤਸ਼ਾਹ ਦੇ ਰਿਹਾ ਹੈ ॥੧॥

30209	699	ਆਪੇ ਦੀਪ ਲੋਅ ਦੀਪਾਹਾ॥	(ਦੀਪਾਹਾ) ਪ੍ਰਕਾਸ਼ਦੇ	Aapae Dheep Loa Dheepaahaa ||	He Himself is the lamp, and the Light pervading all the worlds.	ਹੇ ਭਾਈ! ਪ੍ਰਭੂ ਆਪ ਹੀ ਜਜ਼ੀਰੇ ਹੈ, ਆਪ ਹੀ ਸਾਰੇ ਭਵਨ ਹੈ, ਆਪ ਹੀ (ਸਾਰੇ ਭਵਨਾਂ ਵਿਚ) ਚਾਨਣ ਹੈ।
30210	699	ਆਪੇ ਸਤਿਗੁਰੁ ਸਮੁੰਦੁ ਮਥਾਹਾ॥	(ਮਥਾਹਾ) ਰਿੜਕਦੇ	Aapae Sathigur Samundh Mathhaahaa ||	He Himself is the True Guru; He Himself churns the ocean.	ਪ੍ਰਭੂ ਆਪ ਹੀ ਗੁਰੂ ਹੈ, ਆਪ ਹੀ (ਬਾਣੀ ਦਾ) ਸਮੁੰਦਰ ਹੈ, ਆਪ ਹੀ (ਇਸ ਸਮੁੰਦਰ ਨੂੰ) ਰਿੜਕਣ ਵਾਲਾ (ਵਿਚਾਰਨ ਵਾਲਾ) ਹੈ।
30211	699	ਆਪੇ ਮਥਿ ਮਥਿ ਤਤੁ ਕਢਾਏ ਜਪਿ ਨਾਮੁ ਰਤਨੁ ਉਮਾਹਾ ਰਾਮ॥੨॥		Aapae Mathh Mathh Thath Kadtaaeae Jap Naam Rathan Oumaahaa Raam ||2||	He Himself churns it, churning up the essence; meditating on the jewel of the Naam, sincere love comes to the surface. ||2||	ਆਪ ਹੀ (ਬਾਣੀ ਦੇ ਸਮੁੰਦਰ ਨੂੰ) ਰਿੜਕ ਰਿੜਕ (ਵਿਚਾਰ-ਵਿਚਾਰ) ਕੇ (ਇਸ ਵਿਚੋਂ) ਮੱਖਣ (ਅਸਲੀਅਤ) ਲਭਾਂਦਾ ਹੈ, ਆਪ ਹੀ (ਆਪਣਾ) ਰਤਨ ਵਰਗਾ ਕੀਮਤੀ ਨਾਮ ਜਪ ਕੇ (ਜੀਵਾਂ ਦੇ ਅੰਦਰ ਜਪਣ ਦਾ) ਚਾਉ ਪੈਦਾ ਕਰਦਾ ਹੈ ॥੨॥
30212	699	ਸਖੀ ਮਿਲਹੁ ਮਿਲਿ ਗੁਣ ਗਾਵਾਹਾ॥		Sakhee Milahu Mil Gun Gaavaahaa ||	O my companions, let us meet and join together, and sing His Glorious Praises.	ਹੇ ਸਤਸੰਗੀਓ! ਇਕੱਠੇ ਹੋਵੋ, ਆਓ, ਇਕੱਠੇ ਹੋ ਕੇ ਪ੍ਰਭੂ ਦੇ ਗੁਣ ਗਾਵੀਏ।
30213	699	ਗੁਰਮੁਖਿ ਨਾਮੁ ਜਪਹੁ ਹਰਿ ਲਾਹਾ॥		Guramukh Naam Japahu Har Laahaa ||	As Gurmukh, chant the Naam, and earn the profit of the Lord's Name.	ਹੇ ਸਤਸੰਗੀਓ! ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਜਪੋ, (ਇਹੀ ਹੈ ਜੀਵਨ ਦਾ) ਲਾਭ।

30214	699	ਹਰਿ ਹਰਿ ਭਗਤਿ ਦ੍ਰਿੜੀ ਮਨਿ ਭਾਈ ਹਰਿ ਹਰਿ ਨਾਮੁ ਉਮਾਹਾ ਰਾਮ॥੩॥		Har Har Bhagath Dhrirree Man Bhaaee Har Har Naam Oumaahaa Raam ||3||	Devotional worship of the Lord, Har, Har, has been implanted within me; it is pleasing to my mind. The Name of the Lord, Har, Har, brings a sincere love. ||3||	ਜਿਸ ਮਨੁੱਖ ਨੇ ਪ੍ਰਭੂ ਦੀ ਭਗਤੀ ਆਪਣੇ ਹਿਰਦੇ ਵਿਚ ਪੱਕੀ ਬਿਠਾ ਲਈ, ਜਿਸ ਨੂੰ ਪ੍ਰਭੂ ਦੀ ਭਗਤੀ ਮਨ ਵਿਚ ਪਿਆਰੀ ਲੱਗੀ, ਪ੍ਰਭੂ ਦਾ ਨਾਮ ਉਸ ਦੇ ਅੰਦਰ (ਸਿਮਰਨ ਦਾ) ਉਤਸ਼ਾਹ ਪੈਦਾ ਕਰਦਾ ਹੈ ॥੩॥
30215	699	ਆਪੇ ਵਡ ਦਾਨਾ ਵਡ ਸਾਹਾ॥	(ਦਾਨਾ) ਸਿਆਣਾ	Aapae Vadd Dhaanaa Vadd Saahaa ||	He Himself is supremely wise, the greatest King.	ਹੇ ਭਾਈ! ਪ੍ਰਭੂ ਆਪ ਹੀ ਬੜਾ ਸਿਆਣਾ ਵੱਡਾ ਸ਼ਾਹ ਹੈ।
30216	699	ਗੁਰਮੁਖਿ ਪੂੰਜੀ ਨਾਮੁ ਵਿਸਾਹਾ॥	(ਵਿਸਾਹਾ) ਖ਼ਰੀਦਿਆ	Guramukh Poonjee Naam Visaahaa ||	As Gurmukh, purchase the merchandise of the Naam.	ਹੇ ਭਾਈ! ਗੁਰੂ ਦੀ ਸਰਨ ਪੈ ਕੇ ਉਸ ਦਾ ਨਾਮ-ਸਰਮਾਇਆ ਇਕੱਠਾ ਕਰੋ।
30217	699	ਹਰਿ ਹਰਿ ਦਾਤਿ ਕਰਹੁ ਪ੍ਰਭ ਭਾਵੈ ਗੁਣ ਨਾਨਕ ਨਾਮੁ ਉਮਾਹਾ ਰਾਮ॥੪॥੪॥੧੦॥		Har Har Dhaath Karahu Prabh Bhaavai Gun Naanak Naam Oumaahaa Raam ||4||4||10||	O Lord God, Har, Har, bless me with such a gift, that Your Glorious Virtues seem pleasing to me; Nanak is filled with sincere love and yearning for the Lord. ||4||4||10||	ਹੇ ਨਾਨਕ! (ਆਖ-) ਹੇ ਹਰੀ! ਹੇ ਪ੍ਰਭੂ! (ਮੈਨੂੰ ਆਪਣੇ ਨਾਮ ਦੀ) ਦਾਤਿ ਬਖ਼ਸ਼, ਜੇ ਤੈਨੂੰ ਚੰਗਾ ਲੱਗੇ, ਤਾਂ ਮੇਰੇ ਅੰਦਰ ਤੇਰਾ ਨਾਮ ਵੱਸੇ, ਤੇਰੇ ਗੁਣਾਂ ਨੂੰ ਯਾਦ ਕਰਨ ਦਾ ਚਾਉ ਪੈਦਾ ਹੋਵੇ ॥੪॥੪॥੧੦॥
30218	699	ਜੈਤਸਰੀ ਮਹਲਾ ੪॥		Jaithasaree Mehalaa 4 ||	Jaitsree, Fourth Mehl:	

30219	699	ਮਿਲਿ ਸਤਸੰਗਤਿ ਸੰਗਿ ਗੁਰਾਹਾ॥		Mil Sathasangath Sang Guraahaa ||	Joining the Sat Sangat, the True Congregation, and associating with the Guru,	(ਹੇ ਪ੍ਰਭੂ! ਆਪਣੀ ਮਿਹਰ ਕਰ ਕਿ ਅਸੀਂ) ਸਾਧ ਸੰਗਤਿ ਵਿਚ ਮਿਲ ਕੇ, ਗੁਰੂ ਦੀ ਸੰਗਤਿ ਵਿਚ ਮਿਲ ਕੇ,
30220	699	ਪੂੰਜੀ ਨਾਮੁ ਗੁਰਮੁਖਿ ਵੇਸਾਹਾ॥		Poonjee Naam Guramukh Vaesaahaa ||	The Gurmukh gathers in the merchandise of the Naam.	ਗੁਰੂ ਦੀ ਸਰਨ ਪੈ ਕੇ, ਤੇਰੇ ਨਾਮ ਦਾ ਸਰਮਾਇਆ ਇਕੱਠਾ ਕਰੀਏ
30221	699	ਹਰਿ ਹਰਿ ਕ੍ਰਿਪਾ ਧਾਰਿ ਮਧੁਸੂਦਨ ਮਿਲਿ ਸਤਸੰਗਿ ਉਮਾਹਾ ਰਾਮ॥੧॥		Har Har Kirapaa Dhaar Madhhusoodhan Mil Sathasang Oumaahaa Raam ||1||	O Lord, Har, Har, Destroyer of demons, have mercy upon me; bless me with a sincere yearning to join the Sat Sangat. ||1||	ਹੇ ਵੈਰੀਆਂ ਦੇ ਨਾਸ ਕਰਨ ਵਾਲੇ ਹਰੀ! (ਅਸਾਂ ਜੀਵਾਂ ਉਤੇ) ਕਿਰਪਾ ਕਰ (ਕਿ) ਸਾਧ ਸੰਗਤਿ ਵਿਚ ਮਿਲ ਕੇ (ਸਾਡੇ ਅੰਦਰ ਤੇਰੇ ਨਾਮ ਦਾ) ਚਾਉ ਪੈਦਾ ਹੋਵੇ ॥੧॥
30222	699	ਹਰਿ ਗੁਣ ਬਾਣੀ ਸ੍ਰਵਣਿ ਸੁਣਾਹਾ॥		Har Gun Baanee Sravan Sunaahaa ||	Let me hear with my ears the Banis, the Hymns, in praise of the Lord;	ਹੇ ਹਰੀ! ਤੇਰੇ ਗੁਣਾਂ ਵਾਲੀ ਬਾਣੀ ਅਸੀਂ ਕੰਨ ਨਾਲ ਸੁਣੀਏ,
30223	699	ਕਰਿ ਕਿਰਪਾ ਸਤਿਗੁਰੂ ਮਿਲਾਹਾ॥		Kar Kirapaa Sathiguroo Milaahaa ||	Be merciful, and let me meet the True Guru.	ਕਿਰਪਾ ਕਰ ਕੇ (ਮੈਨੂੰ) ਗੁਰੂ ਮਿਲਾ,

30224	699	ਗੁਣ ਗਾਵਹ ਗੁਣ ਬੋਲਹ ਬਾਣੀ ਹਰਿ ਗੁਣ ਜਪਿ ਉਮਾਹਾ ਰਾਮ॥੨॥		Gun Gaaveh Gun Boleh Baanee Har Gun Jap Oumaahaa Raam ||2||	I sing His Glorious Praises, I speak the Bani of His Word; chanting His Glorious Praises, a sincere yearning for the Lord wells up. ||2||	ਗੁਰੂ ਦੀ ਬਾਣੀ ਦੀ ਰਾਹੀਂ ਅਸੀਂ ਤੇਰੇ ਗੁਣ ਗਾਵੀਏ, ਤੇਰੇ ਗੁਣ ਉਚਾਰੀਏ। ਤੇਰੇ ਗੁਣ ਯਾਦ ਕਰ ਕਰ ਕੇ (ਸਾਡੇ ਅੰਦਰ ਤੇਰੀ ਭਗਤੀ ਦਾ) ਚਾਉ ਪੈਦਾ ਹੋਵੇ ॥੨॥
30225	699	ਸਭਿ ਤੀਰਥ ਵਰਤ ਜਗ ਪੁੰਨ ਤੁਲਾਹਾ॥	(ਤੁਲਾਹਾ) ਤੋਲੇ	Sabh Theerathh Varath Jag Punn Thuolaahaa ||	I have tried visiting all the sacred shrines of pilgrimage, fasting, ceremonial feasts and giving to charities.	ਹੇ ਭਾਈ! ਜੇ ਸਾਰੇ ਤੀਰਥ (-ਇਸ਼ਨਾਨ), ਵਰਤ, ਜੱਗ ਅਤੇ ਪੁੰਨ (ਮਿਥੇ ਹੋਏ ਨੇਕ ਕੰਮ) (ਇਕੱਠੇ ਰਲਾ ਕੇ) ਤੋਲੀਏ,
30226	699	ਹਰਿ ਹਰਿ ਨਾਮ ਨ ਪੁਜਹਿ ਪੁਜਾਹਾ॥	ਪੁੱਜਹਿ ਪੁੱਜਾਹਾ	Har Har Naam N Pujehi Pujaahaa ||	They do not measure up to the Name of the Lord, Har, Har.	ਇਹ ਪਰਮਾਤਮਾ ਦੇ ਨਾਮ ਤਕ ਨਹੀਂ ਅੱਪੜ ਸਕਦੇ।
30227	699	ਹਰਿ ਹਰਿ ਅਤੁਲੁ ਤੋਲੁ ਅਤਿ ਭਾਰੀ ਗੁਰਮਤਿ ਜਪਿ ਉਮਾਹਾ ਰਾਮ॥੩॥	ਅ-ਤੁੱਲੁ	Har Har Athul Thol Ath Bhaaree Guramath Jap Oumaahaa Raam ||3||	The Lord's Name is unweighable, utterly heavy in weight; through the Guru's Teachings, a sincere yearning to chant the Name has welled up in me. ||3||	ਪਰਮਾਤਮਾ (ਦਾ ਨਾਮ) ਤੋਲਿਆ ਨਹੀਂ ਜਾ ਸਕਦਾ, ਉਸ ਦਾ ਬਹੁਤ ਭਾਰਾ ਤੋਲ ਹੈ। ਗੁਰੂ ਦੀ ਮਤਿ ਦੀ ਰਾਹੀਂ ਜਪ ਕੇ (ਮਨ ਵਿਚ ਹੋਰ ਜਪਣ ਦਾ) ਉਤਸ਼ਾਹ ਪੈਦਾ ਹੁੰਦਾ ਹੈ ॥੩॥

30228	699	ਸਭਿ ਕਰਮ ਧਰਮ ਹਰਿ ਨਾਮੁ ਜਪਾਹਾ॥		Sabh Karam Dhharam Har Naam Japaahaa ||	All good karma and righteous living are found in meditation on the Lord's Name.	ਹੇ ਹਰੀ! ਤੇਰਾ ਨਾਮ ਹੀ ਸਾਰੇ (ਮਿੱਥੇ ਹੋਏ) ਧਾਰਮਿਕ ਕੰਮ ਹੈ,
30229	699	ਕਿਲਵਿਖ ਮੈਲੁ ਪਾਪ ਧੋਵਾਹਾ॥		Kilavikh Mail Paap Dhhovaahaa ||	It washes away the stains of sins and mistakes.	(ਤੇਰੇ ਨਾਮ ਦੀ ਬਰਕਤਿ ਨਾਲ) ਸਾਰੇ ਪਾਪਾਂ ਵਿਕਾਰਾਂ ਦੀ ਮੈਲ ਧੁਪ ਜਾਂਦੀ ਹੈ
30230	699	ਦੀਨ ਦਇਆਲ ਹੋਹੁ ਜਨ ਊਪਰਿ ਦੇਹੁ ਨਾਨਕ ਨਾਮੁ ਓਮਾਹਾ ਰਾਮ॥੪॥੫॥੧੧॥		Dheen Dhaeiaal Hohu Jan Oopar Dhaehu Naanak Naam Oumaahaa Raam ||4||5||11||	Be merciful to meek, humble Nanak; bless him with sincere love and yearning for the Lord. ||4||5||11||	ਹੇ ਨਾਨਕ! (ਆਖ-) ਹੇ ਹਰੀ! ਆਪਣੇ ਨਿਮਾਣੇ ਦਾਸਾਂ ਉੱਤੇ ਦਇਆਵਾਨ ਹੋ, ਦਾਸਾਂ ਨੂੰ ਆਪਣਾ ਨਾਮ ਬਖ਼ਸ਼, (ਨਾਮ ਜਪਣ ਦਾ) ਉਤਸ਼ਾਹ ਦੇਹ, ਅਸੀਂ ਤੇਰਾ ਨਾਮ ਜਪੀਏ ॥੪॥੫॥੧੧॥
30231	700	ਜੈਤਸਰੀ ਮਹਲਾ ੫ ਘਰੁ ੩		Jaithasaree Mehalaa 5 Ghar 3	Jaitsree, Fifth Mehl, Third House:	ਰਾਗ ਜੈਤਸਰੀ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
30232	700	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30233	700	ਕੋਈ ਜਾਨੈ ਕਵਨੁ ਈਹਾ ਜਗਿ ਮੀਤੁ॥		Koee Jaanai Kavan Eehaa Jag Meeth ||	Does anyone know, who is our friend in this world?	ਹੇ ਭਾਈ! ਕੋਈ ਵਿਰਲਾ ਮਨੁੱਖ ਜਾਣਦਾ ਹੈ (ਕਿ) ਇਥੇ ਜਗਤ ਵਿਚ (ਅਸਲੀ) ਮਿੱਤਰ ਕੌਣ ਹੈ।

30234	700	ਜਿਸੁ ਹੋਇ ਕ੍ਰਿਪਾਲੁ ਸੋਈ ਬਿਧਿ ਬੂਝੈ ਤਾ ਕੀ ਨਿਰਮਲ ਰੀਤਿ॥੧॥ਰਹਾਉ॥	ਬਿਧਿ:ਪੋਲਾ ਬੋਲੋ	Jis Hoe Kirapaal Soee Bidhh Boojhai Thaa Kee Niramal Reeth ||1|| Rehaao ||	He alone understands this, whom the Lord blesses with His Mercy. Immaculate and unstained is his way of life. ||1||Pause||	ਜਿਸ ਮਨੁੱਖ ਉੱਤੇ (ਪਰਮਾਤਮਾ) ਦਇਆਵਾਨ ਹੁੰਦਾ ਹੈ, ਉਹੀ ਮਨੁੱਖ ਇਸ ਗੱਲ ਨੂੰ ਸਮਝਦਾ ਹੈ, (ਫਿਰ) ਉਸ ਮਨੁੱਖ ਦੀ ਜੀਵਨਿ-ਜੁਗਤਿ ਪਵਿੱਤ੍ਰ ਹੋ ਜਾਂਦੀ ਹੈ ॥੧॥ ਰਹਾਉ ॥
30235	700	ਮਾਤ ਪਿਤਾ ਬਨਿਤਾ ਸੁਤ ਬੰਧਪ ਇਸਟ ਮੀਤ ਅਰੁ ਭਾਈ॥	(ਬਨਿ–ਤਾ) ਇਸਤ੍ਰੀ। (ਸੁਤ) ਪੁੱਤ। (ਬੰਧਪ) ਰਿਸ਼ਤੇਦਾਰ। (ਇਸਟ) ਪਿਆਰੇ	Maath Pithaa Banithaa Suth Bandhhap Eisatt Meeth Ar Bhaaee ||	Mother, father, spouse, children, relatives, lovers, friends and siblings meet,	ਹੇ ਭਾਈ! ਮਾਂ ਪਿਉ, ਇਸਤ੍ਰੀ, ਪੁੱਤਰ, ਰਿਸ਼ਤੇਦਾਰ, ਪਿਆਰੇ ਮਿੱਤਰ ਅਤੇ ਭਰਾ-
30236	700	ਪੂਰਬ ਜਨਮ ਕੇ ਮਿਲੇ ਸੰਜੋਗੀ ਅੰਤਹਿ ਕੋ ਨ ਸਹਾਈ॥੧॥	(ਪੂਰਬ) ਪਿਛਲੇ	Poorab Janam Kae Milae Sanjogee Anthehi Ko N Sehaaee ||1||	Having been associated in previous lives; but none of them will be your companion and support in the end. ||1||	ਇਹ ਸਾਰੇ ਪਹਿਲੇ ਜਨਮਾਂ ਦੇ ਸੰਜੋਗਾਂ ਕਰਕੇ (ਇਥੇ) ਮਿਲ ਪਏ ਹਨ। ਅਖ਼ੀਰ ਵੇਲੇ ਇਹਨਾਂ ਵਿਚੋਂ ਕੋਈ ਭੀ ਸਾਥੀ ਨਹੀਂ ਬਣਦਾ ॥੧॥
30237	700	ਮੁਕਤਿ ਮਾਲ ਕਨਿਕ ਲਾਲ ਹੀਰਾ ਮਨ ਰੰਜਨ ਕੀ ਮਾਇਆ॥	(ਮੁਕਤਿ ਮਾਲ) ਮੋਤੀਆਂ ਦੀ ਮਾਲਾ। ਮਨ (ਰੰਜਨ)ਪ੍ਰਸੰਨ ਕਰਨ ਵਾਲੀ	Mukath Maal Kanik Laal Heeraa Man Ranjan Kee Maaeiaa ||	Pearl necklaces, gold, rubies and diamonds please the mind, but they are only Maya.	ਹੇ ਭਾਈ! ਮੋਤੀਆਂ ਦੀ ਮਾਲਾ, ਸੋਨਾ, ਲਾਲ, ਹੀਰੇ, ਮਨ ਨੂੰ ਖ਼ੁਸ਼ ਕਰਨ ਵਾਲੀ ਮਾਇਆ-

30238	700	ਹਾ ਹਾ ਕਰਤ ਬਿਹਾਨੀ ਅਵਧਹਿ ਤਾ ਮਹਿ ਸੰਤੋਖੁ ਨ ਪਾਇਆ॥੨॥	(ਅਵਧਹਿ) ਉਮਰ	Haa Haa Karath Bihaanee Avadhhehi Thaa Mehi Santhokh N Paaeiaa ||2||	Possessing them, one passes his life in agony; he obtains no contentment from them. ||2||	ਇਹਨਾਂ ਵਿਚ (ਲੱਗਿਆਂ) ਸਾਰੀ ਉਮਰ 'ਹਾਇ, ਹਾਇ' ਕਰਦਿਆਂ ਗੁਜ਼ਰ ਜਾਂਦੀ ਹੈ, ਮਨ ਨਹੀਂ ਰੱਜਦਾ ॥੨॥
30239	700	ਹਸਤਿ ਰਥ ਅਸ੍ਵ ਪਵਨ ਤੇਜ ਧਣੀ ਭੂਮਨ ਚਤੁਰਾਂਗਾ॥	(ਹਸਤਿ) ਹਾਥੀ। (ਪਵਨ) ਹਵਾ ਵਾਂਗ ਤੇਜ਼ (ਅਸ੍ਵ) ਘੋੜੇ। (ਧਣੀ)ਮਾਲਕ, ਸ਼ਾਹੂਕਾਰ। (ਭੂਮਨ)ਜਗੀਰਦਾਰ। (ਚਤੁਰਾਂਗਾ)ਚਾਰ ਪ੍ਰਕਾਰ ਦੀ ਫ਼ੌਜ- ਹਾਥੀ, ਘੋੜੇ, ਰਥ, ਪੈਦਲ। ਅਸ੍ਵ:ਵਾਵਾ ਅੱਧਾ ਜਾਣਕੇ, ਵਾਵਾ ਪੋਲਾ ਬੋਲੋ	Hasath Rathh Asv Pavan Thaej Dhhanee Bhooman Chathuraangaa ||	Elephants, chariots, horses as fast as the wind, wealth, land, and armies of four kinds	ਹੇ ਭਾਈ! ਹਾਥੀ, ਰਥ, ਹਵਾ ਦੇ ਵੇਗ ਵਰਗੇ ਘੋੜੇ (ਹੋਣ), ਧਨਾਢ ਹੋਵੇ, ਜ਼ਿਮੀ ਦਾ ਮਾਲਕ ਹੋਵੇ, ਚਾਰ ਕਿਸਮ ਦੀ ਫ਼ੌਜ ਦਾ ਮਾਲਕ ਹੋਵੇ-
30240	700	ਸੰਗਿ ਨ ਚਾਲਿਓ ਇਨ ਮਹਿ ਕਛੂਐ ਊਠਿ ਸਿਧਾਇਓ ਨਾਂਗਾ॥੩॥		Sang N Chaaliou Ein Mehi Kashhooai Ooth Sidhhaaeiou Naangaa ||3||	- none of these will go with him; he must get up and depart, naked. ||3||	ਇਹਨਾਂ ਵਿਚੋਂ (ਭੀ) ਕੋਈ ਚੀਜ਼ ਭੀ ਨਾਲ ਨਹੀਂ ਜਾਂਦੀ, (ਇਹਨਾਂ ਦਾ ਮਾਲਕ ਮਨੁੱਖ ਇਥੋਂ) ਨੰਗਾ ਹੀ ਉੱਠ ਕੇ ਤੁਰ ਪੈਂਦਾ ਹੈ ॥੩॥

30241	700	ਹਰਿ ਕੇ ਸੰਤ ਪ੍ਰਿਅ ਪ੍ਰੀਤਮ ਪ੍ਰਭ ਕੇ ਤਾ ਕੈ ਹਰਿ ਹਰਿ ਗਾਈਐ॥		Har Kae Santh Pria Preetham Prabh Kae Thaa Kai Har Har Gaaeeai ||	The Lord's Saints are the beloved lovers of God; sing of the Lord, Har, Har, with them.	ਪਰਮਾਤਮਾ ਦੇ ਸੰਤ ਜਨ ਪਰਮਾਤਮਾ ਦੇ ਪਿਆਰੇ ਹੁੰਦੇ ਹਨ, ਉਹਨਾਂ ਦੀ ਸੰਗਤਿ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ।
30242	700	ਨਾਨਕ ਈਹਾ ਸੁਖੁ ਆਗੈ ਮੁਖ ਊਜਲ ਸੰਗਿ ਸੰਤਨ ਕੈ ਪਾਈਐ॥੪॥੧॥		Naanak Eehaa Sukh Aagai Mukh Oojal Sang Santhan Kai Paaeeai ||4||1||	O Nanak, in the Society of the Saints, you shall obtain peace in this world, and in the next world, your face shall be radiant and bright. ||4||1||	ਹੇ ਨਾਨਕ! (ਅਜਿਹਾ ਕਰਨ ਨਾਲ) ਇਸ ਲੋਕ ਵਿਚ ਸੁਖ ਮਿਲਦਾ ਹੈ, ਪਰਲੋਕ ਵਿਚ ਸੁਰਖ਼-ਰੂ ਹੋ ਜਾਈਦਾ ਹੈ। (ਪਰ ਇਹ ਦਾਤਿ) ਸੰਤ ਜਨਾਂ ਦੀ ਸੰਗਤਿ ਵਿਚ ਹੀ ਮਿਲਦੀ ਹੈ ॥੪॥੧॥
30243	700	ਜੈਤਸਰੀ ਮਹਲਾ ੫ ਘਰੁ ੩ ਦੁਪਦੇ		Jaithasaree Mehalaa 5 Ghar 3 Dhupadhae	Jaitsree, Fifth Mehl, Third House, Du-Padas:	ਰਾਗ ਜੈਤਸਰੀ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
30244	700	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30245	700	ਦੇਹੁ ਸੰਦੇਸਰੋ ਕਹੀਅਉ ਪ੍ਰਿਅ ਕਹੀਅਉ॥		Dhaehu Sandhaesaro Keheeao Pria Keheeao ||	Give me a message from my Beloved - tell me, tell me!	(ਹੇ ਗੁਰ-ਸਿੱਖੋ!) ਮੈਨੂੰ ਪਿਆਰੇ ਪ੍ਰਭੂ ਦਾ ਮਿੱਠਾ ਜਿਹਾ ਸਨੇਹਾ ਦਿਹੋ,

30246	700	ਬਿਸਮੁ ਭਈ ਮੈ ਬਹੁ ਬਿਧਿ ਸੁਨਤੇ ਕਹਹੁ ਸੁਹਾਗਨਿ ਸਹੀਅਉ॥੧॥ਰਹਾਉ ॥		Bisam Bhee Mai Bahu Bidhh Sunathae Kehahu Suhaagan Seheeao ||1|| Rehaao ||	I am wonder-struck, hearing the many reports of Him; tell them to me, O my happy sister soul-brides. ||1||Pause||	ਮੈਂ (ਉਸ ਪਿਆਰੇ ਦੀ ਬਾਬਤ) ਕਈ ਕਿਸਮਾਂ (ਦੀਆਂ ਗੱਲਾਂ) ਸੁਣ ਸੁਣ ਕੇ ਹੈਰਾਨ ਹੋ ਰਹੀ ਹਾਂ। ਹੇ ਸੁਹਾਗਵਤੀ ਸਹੇਲੀਹੋ! (ਤੁਸੀਂ) ਦੱਸੋ (ਉਹ ਕਿਹੋ ਜਿਹਾ ਹੈ?) ॥੧॥ ਰਹਾਉ ॥
30247	700	ਕੋ ਕਹਤੋ ਸਭ ਬਾਹਰਿ ਬਾਹਰਿ ਕੋ ਕਹਤੋ ਸਭ ਮਹੀਅਉ॥	(ਮਹੀਅਉ) ਵਿੱਚ	Ko Kehatho Sabh Baahar Baahar Ko Kehatho Sabh Meheeao ||	Some say that He is beyond the world - totally beyond it, while others say that He is totally within it.	ਕੋਈ ਆਖਦਾ ਹੈ, ਉਹ ਸਭਨਾਂ ਤੋਂ ਬਾਹਰ ਹੀ ਵੱਸਦਾ ਹੈ, ਕੋਈ ਆਖਦਾ ਹੈ, ਉਹ ਸਭਨਾਂ ਦੇ ਵਿੱਚ ਵੱਸਦਾ ਹੈ।
30248	700	ਬਰਨੁ ਨ ਦੀਸੈ ਚਿਹਨੁ ਨ ਲਖੀਐ ਸੁਹਾਗਨਿ ਸਾਤਿ ਬੁਝਹੀਅਉ॥੧॥	(ਬਰਨੁ) ਰੰਗ। (ਚਿਹਨੁ) ਨਿਸ਼ਾਨੀ, ਲੱਛਣ। (ਸਾੱਤਿ)ਸੱਚੇ। ਸਾੱਤਿ ਬਿੰਦੀ ਨਹੀਂ ਲੌਣੀ। ਬੁੱ-ਝਹੀਅਉ	Baran N Dheesai Chihan N Lakheeai Suhaagan Saath Bujheheeao ||1||	His color cannot be seen, and His pattern cannot be discerned. O happy soul-brides, tell me the truth! ||1||	ਉਸ ਦਾ ਰੰਗ ਨਹੀਂ ਦਿੱਸਦਾ, ਉਸ ਦਾ ਕੋਈ ਲੱਛਣ ਨਜ਼ਰ ਨਹੀਂ ਆਉਂਦਾ। ਹੇ ਸੁਗਾਗਣੋ! ਤੁਸੀ ਮੈਨੂੰ ਸੱਚੀ ਗੱਲ ਸਮਝਾਓ ॥੧॥
30249	700	ਸਰਬ ਨਿਵਾਸੀ ਘਟਿ ਘਟਿ ਵਾਸੀ ਲੇਪੁ ਨਹੀ ਅਲਪਹੀਅਉ॥	(ਅਲਪਹੀ-ਅਉ) ਨਿਰਲੇਪ	Sarab Nivaasee Ghatt Ghatt Vaasee Laep Nehee Alapeheeao ||	He is pervading everywhere, and He dwells in each and every heart; He is not stained - He is unstained.	ਉਹ ਪਰਮਾਤਮਾ ਸਾਰਿਆਂ ਵਿਚ ਨਿਵਾਸ ਰੱਖਣ ਵਾਲਾ ਹੈ, ਹਰੇਕ ਸਰੀਰ ਵਿਚ ਵੱਸਣ ਵਾਲਾ ਹੈ (ਫਿਰ ਭੀ, ਉਸ ਨੂੰ ਮਾਇਆ ਦਾ) ਰਤਾ ਭੀ ਲੇਪ ਨਹੀਂ ਹੈ।

30250	700	ਨਾਨਕੁ ਕਹਤ ਸੁਨਹੁ ਰੇ ਲੋਗਾ ਸੰਤ ਰਸਨ ਕੋ ਬਸਹੀਅਉ॥੨॥੧॥੨॥	(ਬ-ਸਹੀਅਉ) ਵਸਦੇ ਹਨ	Naanak Kehath Sunahu Rae Logaa Santh Rasan Ko Baseheeao ||2||1||2||	Says Nanak, listen, O people: He dwells upon the tongues of the Saints. ||2||1||2||	ਨਾਨਕ ਆਖਦਾ ਹੈ-ਹੇ ਲੋਕੋ! ਸੁਣੋ, ਉਹ ਪ੍ਰਭੂ ਸੰਤ ਜਨਾਂ ਦੀ ਜੀਭ ਉਤੇ ਵੱਸਦਾ ਹੈ (ਸੰਤ ਜਨ ਹਰ ਵੇਲੇ ਉਸ ਦਾ ਨਾਮ ਜਪਦੇ ਹਨ) ॥੨॥੧॥੨॥
30251	700	ਜੈਤਸਰੀ ਮਃ ੫॥		Jaithasaree Ma 5 ||	Jaitsree, Fifth Mehl:	
30252	700	ਧੀਰਉ ਸੁਨਿ ਧੀਰਉ ਪ੍ਰਭ ਕਉ॥੧॥ਰਹਾਉ॥		Dhheero Sun Dhheero Prabh Ko ||1|| Rehaao ||	I am calmed, calmed and soothed, hearing of God. ||1||Pause||	ਹੇ ਭਾਈ! ਮੈਂ ਪ੍ਰਭੂ (ਦੀਆਂ ਗੱਲਾਂ) ਨੂੰ ਸੁਣ ਸੁਣ ਕੇ (ਆਪਣੇ ਮਨ ਵਿਚ) ਸਦਾ ਧੀਰਜ ਹਾਸਲ ਕਰਦਾ ਰਹਿੰਦਾ ਹਾਂ ॥੧॥ ਰਹਾਉ ॥
30253	700	ਜੀਅ ਪ੍ਰਾਨ ਮਨੁ ਤਨੁ ਸਭੁ ਅਰਪਉ ਨੀਰਉ ਪੇਖਿ ਪ੍ਰਭ ਕਉ ਨੀਰਉ॥੧॥	(ਨੀਰਉ) ਨੇੜੇ	Jeea Praan Man Than Sabh Arapo Neero Paekh Prabh Ko Neero ||1||	I dedicate my soul, my breath of life, my mind, body and everything to Him: I behold God near, very near. ||1||	ਹੇ ਭਾਈ! ਪ੍ਰਭੂ ਨੂੰ ਹਰ ਵੇਲੇ (ਆਪਣੇ) ਨੇੜੇ ਵੇਖ ਵੇਖ ਕੇ ਮੈਂ ਆਪਣੀ ਜਿੰਦ-ਪ੍ਰਾਣ, ਆਪਣਾ ਮਨ ਤਨ ਸਭ ਕੁਝ ਉਸ ਦੀ ਭੇਟ ਕਰਦਾ ਰਹਿੰਦਾ ਹਾਂ ॥੧॥
30254	700	ਬੇਸੁਮਾਰ ਬੇਅੰਤੁ ਬਡ ਦਾਤਾ ਮਨਹਿ ਗਹੀਰਉ ਪੇਖਿ ਪ੍ਰਭ ਕਉ॥੨॥	(ਗਹੀਰਉ) ਗ੍ਰਹਣ	Baesumaar Baeanth Badd Dhaathaa Manehi Geheero Paekh Prabh Ko ||2||	Beholding God, the inestimable, infinite and Great Giver, I cherish Him in my mind. ||2||	ਹੇ ਭਾਈ! ਉਹ ਪ੍ਰਭੂ ਵੱਡਾ ਦਾਤਾ ਹੈ, ਬੇਅੰਤ ਹੈ, ਉਸ ਦੇ ਗੁਣਾਂ ਦਾ ਲੇਖਾ ਨਹੀਂ ਹੋ ਸਕਦਾ। ਉਸ ਪ੍ਰਭੂ ਨੂੰ (ਹਰ ਥਾਂ) ਵੇਖ ਕੇ ਮੈਂ ਉਸ ਨੂੰ ਆਪਣੇ ਮਨ ਵਿਚ ਟਿਕਾਈ ਰੱਖਦਾ ਹਾਂ ॥੨॥

30255	700	ਜੋ ਚਾਹਉ ਸੋਈ ਸੋਈ ਪਾਵਉ ਆਸਾ ਮਨਸਾ ਪੂਰਉ ਜਪਿ ਪ੍ਰਭ ਕਉ॥੩॥		Jo Chaaho Soee Soee Paavo Aasaa Manasaa Pooro Jap Prabh Ko ||3||	Whatever I wish for, I receive; my hopes and desires are fulfilled, meditating on God. ||3||	ਹੇ ਭਾਈ! ਮੈਂ (ਜੇਹੜੀ ਜੇਹੜੀ ਚੀਜ਼) ਚਾਹੁੰਦਾ ਹਾਂ, ਉਹੀ ਉਹੀ (ਉਸ ਪ੍ਰਭੂ ਪਾਸੋਂ) ਪ੍ਰਾਪਤ ਕਰ ਲੈਂਦਾ ਹਾਂ। ਪ੍ਰਭੂ (ਦੇ ਨਾਮ) ਨੂੰ ਜਪ ਜਪ ਕੇ ਮੈਂ ਆਪਣੀ ਹਰੇਕ ਆਸ ਹਰੇਕ ਮੁਰਾਦ (ਉਸ ਦੇ ਦਰ ਤੋਂ) ਪੂਰੀ ਕਰ ਲੈਂਦਾ ਹਾਂ ॥੩॥
30256	700	ਗੁਰ ਪ੍ਰਸਾਦਿ ਨਾਨਕ ਮਨਿ ਵਸਿਆ ਦੂਖਿ ਨ ਕਬਹੂ ਝੂਰਉ ਬੁਝਿ ਪ੍ਰਭ ਕਉ॥੪॥੨॥੩॥	ਬੁੱਝਿ	Gur Prasaadh Naanak Man Vasiaa Dhookh N Kabehoo Jhooro Bujh Prabh Ko ||4||2||3||	By Guru's Grace, God dwells in Nanak's mind; he never suffers or grieves, having realized God. ||4||2||3||	ਹੇ ਨਾਨਕ! (ਆਖ-ਹੇ ਭਾਈ!) ਗੁਰੂ ਦੀ ਕਿਰਪਾ ਨਾਲ (ਉਹ ਪ੍ਰਭੂ ਮੇਰੇ) ਮਨ ਵਿਚ ਆ ਵੱਸਿਆ ਹੈ, ਹੁਣ ਮੈਂ ਪ੍ਰਭੂ (ਦੀ ਉਦਾਰਤਾ) ਨੂੰ ਸਮਝ ਕੇ ਕਿਸੇ ਭੀ ਦੁੱਖ ਵਿਚ ਚਿੰਤਾਤੁਰ ਨਹੀਂ ਹੁੰਦਾ ॥੪॥੨॥੩॥
30257	700	ਜੈਤਸਰੀ ਮਹਲਾ ੫॥		Jaithasaree Mehalaa 5 ||	Jaitsree, Fifth Mehl:	
30258	700	ਲੋੜੀਦੜਾ ਸਾਜਨੁ ਮੇਰਾ॥		Lorreedharraa Saajan Maeraa ||	I seek my Friend the Lord.	ਹੇ ਭਾਈ! ਮੇਰਾ ਸੱਜਣ ਪ੍ਰਭੂ ਐਸਾ ਹੈ ਜਿਸ ਨੂੰ ਹਰੇਕ ਜੀਵ ਮਿਲਣਾ ਚਾਹੁੰਦਾ ਹੈ।

30259	700	ਘਰਿ ਘਰਿ ਮੰਗਲ ਗਾਵਹੁ ਨੀਕੇ ਘਟਿ ਘਟਿ ਤਿਸਹਿ ਬਸੇਰਾ॥੧॥ਰਹਾਉ॥	(ਮੰਗਲ) ਸਿਫਤ-ਸਲਾਹ ਦੇ ਗੀਤ। (ਨੀਕੇ) ਸੋਹਣੇ	Ghar Ghar Mangal Gaavahu Neekae Ghatt Ghatt Thisehi Basaeraa ||1|| Rehaao ||	In each and every home, sing the sublime songs of rejoicing; He abides in each and every heart. ||1||Pause||	ਹੇ ਭਾਈ! ਹਰੇਕ ਗਿਆਨ-ਇੰਦ੍ਰੇ ਦੀ ਰਾਹੀਂ ਉਸ ਦੀ ਸਿਫ਼ਤ-ਸਾਲਾਹ ਦੇ ਸੋਹਣੇ ਗੀਤ ਗਾਇਆ ਕਰੋ। ਹਰੇਕ ਸਰੀਰ ਵਿਚ ਉਸ ਦਾ ਹੀ ਨਿਵਾਸ ਹੈ ॥੧॥ ਰਹਾਉ ॥
30260	700	ਸੂਖਿ ਅਰਾਧਨੁ ਦੂਖਿ ਅਰਾਧਨੁ ਬਿਸਰੈ ਨ ਕਾਹੂ ਬੇਰਾ॥	(ਅਰਾਧਨੁ) ਸਿਮਰਨ	Sookh Araadhhan Dhookh Araadhhan Bisarai N Kaahoo Baeraa ||	In good times, worship and adore Him; in bad times, worship and adore Him; do not ever forget Him.	ਹੇ ਭਾਈ! ਸੁਖ ਵਿਚ (ਭੀ ਉਸ ਪਰਮਾਤਮਾ ਦਾ) ਸਿਮਰਨ ਕਰਨਾ ਚਾਹੀਦਾ ਹੈ, ਦੁਖ ਵਿਚ (ਉਸ ਦਾ ਹੀ) ਸਿਮਰਨ ਕਰਨਾ ਚਾਹੀਦਾ ਹੈ, ਉਹ ਪਰਮਾਤਮਾ ਕਿਸੇ ਭੀ ਵੇਲੇ ਸਾਨੂੰ ਨਾਹ ਭੁੱਲੇ।
30261	700	ਨਾਮੁ ਜਪਤ ਕੋਟਿ ਸੂਰ ਉਜਾਰਾ ਬਿਨਸੈ ਭਰਮੁ ਅੰਧੇਰਾ॥੧॥		Naam Japath Kott Soor Oujaaraa Binasai Bharam Andhhaeraa ||1||	Chanting the Naam, the Name of the Lord, the light of millions of suns shines forth, and the darkness of doubt is dispelled. ||1||	ਉਸ ਪਰਮਾਤਮਾ ਦਾ ਨਾਮ ਜਪਦਿਆਂ (ਮਨੁੱਖ ਦੇ ਮਨ ਵਿਚ, ਮਾਨੋ) ਕ੍ਰੋੜਾਂ ਸੂਰਜਾਂ ਦਾ ਚਾਨਣ ਹੋ ਜਾਂਦਾ ਹੈ (ਮਨ ਵਿਚੋਂ) ਮਾਇਆ ਵਾਲੀ ਭਟਕਣਾ ਮੁੱਕ ਜਾਂਦੀ ਹੈ, (ਆਤਮਕ ਜੀਵਨ ਵਲੋਂ ਬੇ-ਸਮਝੀ ਦਾ) ਹਨੇਰਾ ਦੂਰ ਹੋ ਜਾਂਦਾ ਹੈ ॥੧॥

30262	700	ਥਾਨਿ ਥਨੰਤਰਿ ਸਭਨੀ ਜਾਈ ਜੋ ਦੀਸੈ ਸੋ ਤੇਰਾ॥	(ਥਨੰਤਰਿ) ਥਾਂ ਅੰਦਰ। (ਜਾਈ) ਜਗ੍ਹਾ	Thhaan Thhananthar Sabhanee Jaaee Jo Dheesai So Thaeraa ||	In all the spaces and interspaces, everywhere, whatever we see is Yours.	ਹੇ ਨਾਨਕ! (ਆਖ-ਹੇ ਪ੍ਰਭੂ!) ਹਰੇਕ ਥਾਂ ਵਿਚ, ਸਭਨਾਂ ਥਾਵਾਂ ਵਿਚ (ਤੂੰ ਵੱਸ ਰਿਹਾ ਹੈਂ) ਜੋ ਕੁਝ ਦਿੱਸ ਰਿਹਾ ਹੈ, ਉਹ ਸਭ ਕੁਝ ਤੇਰਾ ਹੀ ਸਰੂਪ ਹੈ।
30263	700	ਸੰਤਸੰਗਿ ਪਾਵੈ ਜੋ ਨਾਨਕ ਤਿਸੁ ਬਹੁਰਿ ਨ ਹੋਈ ਹੈ ਫੇਰਾ॥੨॥੩॥੪॥		Santhasang Paavai Jo Naanak This Bahur N Hoee Hai Faeraa ||2||3||4||	One who finds the Society of the Saints, O Nanak, is not consigned to reincarnation again. ||2||3||4||	ਸਾਧ ਸੰਗਤਿ ਵਿਚ ਰਹਿ ਕੇ ਜੇਹੜਾ ਮਨੁੱਖ ਤੈਨੂੰ ਲੱਭ ਲੈਂਦਾ ਹੈ ਉਸ ਨੂੰ ਮੁੜ ਜਨਮ ਮਰਨ ਦਾ ਗੇੜ ਨਹੀਂ ਵਿਆਪਦਾ ॥੨॥੩॥੪॥
30264	701	ਜੈਤਸਰੀ ਮਹਲਾ ੫ ਘਰੁ ੪ ਦੁਪਦੇ		Jaithasaree Mehalaa 5 Ghar 4 Dhupadhae	Jaitsree, Fifth Mehl, Fourth House, Du-Padas:	ਰਾਗ ਜੈਤਸਰੀ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
30265	701	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30266	701	ਅਬ ਮੈ ਸੁਖੁ ਪਾਇਓ ਗੁਰ ਆਗ੍ਯਿ॥	(ਆਗ੍ਯਿ)ਆਗਿਆ। ਆਗ੍ਯਿ: ਆਗਿਅ	Ab Mai Sukh Paaeiou Gur Aagiy ||	Now, I have found peace, bowing before the Guru.	ਹੇ ਭਾਈ! ਹੁਣ ਮੈਂ ਗੁਰੂ ਦੀ ਆਗਿਆ ਵਿਚ (ਤੁਰ ਕੇ) ਆਨੰਦ ਪ੍ਰਾਪਤ ਕਰ ਲਿਆ ਹੈ।

30267	701	ਤਜੀ ਸਿਆਨਪ ਚਿੰਤ ਵਿਸਾਰੀ ਅਹੰ ਛੋਡਿਓ ਹੈ ਤਿਆਗ੍ਿ॥੧॥ਰਹਾਉ ॥	ਤਿਆਗ੍ਿ:ਤਿਆਗਿਅ	Thajee Siaanap Chinth Visaaree Ahan Shhoddiou Hai Thiaagiy ||1|| Rehaao ||	I have abandoned cleverness, quieted my anxiety, and renounced my egotism. ||1||Pause||	ਮੈਂ ਆਪਣੀ ਚਤੁਰਾਈ ਛੱਡ ਦਿੱਤੀ ਹੈ, ਮੈਂ ਚਿੰਤਾ ਭੁਲਾ ਦਿੱਤੀ ਹੈ, ਮੈਂ ਹਉਮੈ (ਆਪਣੇ ਅੰਦਰੋਂ) ਪਰੇ ਸੁੱਟ ਦਿੱਤੀ ਹੈ ॥੧॥ ਰਹਾਉ ॥
30268	701	ਜਉ ਦੇਖਉ ਤਉ ਸਗਲ ਮੋਹਿ ਮੋਹੀਅਉ ਤਉ ਸਰਨਿ ਪਰਿਓ ਗੁਰ ਭਾਗਿ॥		Jo Dhaekho Tho Sagal Mohi Moheeao Tho Saran Pariou Gur Bhaag ||	When I looked, I saw that everyone was enticed by emotional attachment; then, I hurried to the Guru's Sanctuary.	ਹੇ ਭਾਈ! ਜਦੋਂ ਮੈਂ ਵੇਖਦਾ ਹਾਂ (ਵੇਖਿਆ ਕਿ) ਸਾਰੀ ਲੁਕਾਈ ਮੋਹ ਵਿਚ ਫਸੀ ਹੋਈ ਹੈ, ਤਦੋਂ ਮੈਂ ਭੱਜ ਕੇ ਗੁਰੂ ਦੀ ਸਰਨ ਜਾ ਪਿਆ।
30269	701	ਕਰਿ ਕਿਰਪਾ ਟਹਲ ਹਰਿ ਲਾਇਓ ਤਉ ਜਮਿ ਛੋਡੀ ਮੋਰੀ ਲਾਗਿ॥੧॥	(ਲਾਗਿ) ਪਿੱਛਾ	Kar Kirapaa Ttehal Har Laaeiou Tho Jam Shhoddee Moree Laag ||1||	In His Grace, the Guru engaged me in the Lord's service, and then, the Messenger of Death gave up pursuing me. ||1||	(ਗੁਰੂ ਨੇ) ਕਿਰਪਾ ਕਰ ਕੇ ਮੈਨੂੰ ਪਰਮਾਤਮਾ ਦੀ ਸੇਵਾ-ਭਗਤੀ ਵਿਚ ਜੋੜ ਦਿੱਤਾ। ਤਦੋਂ ਜਮਰਾਜ ਨੇ ਮੇਰਾ ਖਹੜਾ ਛੱਡ ਦਿੱਤਾ ॥੧॥
30270	701	ਤਰਿਓ ਸਾਗਰੁ ਪਾਵਕ ਕੋ ਜਉ ਸੰਤ ਭੇਟੇ ਵਡਭਾਗਿ॥	(ਪਾਵਕ) ਅੱਗ	Thariou Saagar Paavak Ko Jo Santh Bhaettae Vadd Bhaag ||	I swam across the ocean of fire, when I met the Saints, through great good fortune.	ਜਦੋਂ ਵੱਡੀ ਕਿਸਮਤ ਨਾਲ ਮੈਨੂੰ ਗੁਰੂ ਮਿਲ ਪਏ, ਮੈਂ (ਵਿਕਾਰਾਂ ਦੀ) ਅੱਗ ਦਾ ਸਮੁੰਦਰ ਤਰ ਲਿਆ ਹੈ।

30271	701	ਜਨ ਨਾਨਕ ਸਰਬ ਸੁਖ ਪਾਏ ਮੋਰੋ ਹਰਿ ਚਰਨੀ ਚਿਤੁ ਲਾਗਿ॥੨॥੧॥੫॥		Jan Naanak Sarab Sukh Paaeae Moro Har Charanee Chith Laag ||2||1||5||	O servant Nanak, I have found total peace; my consciousness is attached to the Lord's feet. ||2||1||5||	ਹੇ ਦਾਸ ਨਾਨਕ! (ਆਖ-) ਹੁਣ ਮੈਂ ਸਾਰੇ ਸੁਖ ਪ੍ਰਾਪਤ ਕਰ ਲਏ ਹਨ, ਮੇਰਾ ਮਨ ਪ੍ਰਭੂ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ ॥੨॥੧॥੫॥
30272	701	ਜੈਤਸਰੀ ਮਹਲਾ ੫॥		Jaithasaree Mehalaa 5 ||	Jaitsree, Fifth Mehl:	
30273	701	ਮਨ ਮਹਿ ਸਤਿਗੁਰ ਧਿਆਨੁ ਧਰਾ॥		Man Mehi Sathigur Dhhiaan Dhharaa ||	Within my mind, I cherish and meditate on the True Guru.	ਹੇ ਭਾਈ! (ਜਦੋਂ ਮੈਂ) ਗੁਰੂ (ਦੇ ਚਰਨਾਂ) ਦਾ ਧਿਆਨ (ਆਪਣੇ) ਮਨ ਵਿਚ ਧਰਿਆ,
30274	701	ਦ੍ਰਿੜਿਓ ਗਿਆਨੁ ਮੰਤ੍ਰੁ ਹਰਿ ਨਾਮਾ ਪ੍ਰਭ ਜੀਉ ਮਇਆ ਕਰਾ॥੧॥ਰਹਾਉ॥	(ਮਇਆ) ਮਿਹਰ, ਕ੍ਰਿਪਾ	Dhrirrihou Giaan Manthra Har Naamaa Prabh Jeeo Maeiaa Karaa ||1|| Rehaao ||	He has implanted within me spiritual wisdom and the Mantra of the Lord's Name; Dear God has shown mercy to me. ||1||Pause||	ਪਰਮਾਤਮਾ ਨੇ (ਮੇਰੇ ਉਤੇ) ਮੇਹਰ ਕੀਤੀ, ਮੈਂ ਪਰਮਾਤਮਾ ਦਾ ਨਾਮ-ਮੰਤ੍ਰ ਹਿਰਦੇ ਟਿਕਾ ਲਿਆ, ਆਤਮਕ ਜੀਵਨ ਦੀ ਸੂਝ ਹਿਰਦੇ ਵਿਚ ਪੱਕੀ ਕਰ ਲਈ ॥੧॥ ਰਹਾਉ ॥
30275	701	ਕਾਲ ਜਾਲ ਅਰੁ ਮਹਾ ਜੰਜਾਲਾ ਛੁਟਕੇ ਜਮਹਿ ਡਰਾ॥		Kaal Jaal Ar Mehaa Janjaalaa Shhuttakae Jamehi Ddaraa ||	Death's noose and its mighty entanglements have vanished, along with the fear of death.	(ਹੇ ਭਾਈ! ਗੁਰੂ ਦੀ ਸਹਾਇਤਾ ਨਾਲ) ਆਤਮਕ ਮੌਤ ਲਿਆਉਣ ਵਾਲੀਆਂ ਮੇਰੀਆਂ ਫਾਹੀਆਂ ਟੁੱਟ ਗਈਆਂ, ਮਾਇਆ ਦੇ ਵੱਡੇ ਜੰਜਾਲ ਮੁੱਕ ਗਏ, ਜਮਾਂ ਦਾ ਡਰ ਦੂਰ ਹੋ ਗਿਆ,

30276	701	ਆਇਓ ਦੁਖਹਰਣ ਸਰਣ ਕਰੁਣਾਪਤਿ ਗਹਿਓ ਚਰਣ ਆਸਰਾ॥੧॥	(ਕਰੁਣਾ-ਪਤਿ) ਤਰਸ ਦੇ ਮਾਲਕ	Aaeiou Dhukh Haran Saran Karunaapath Gehiou Charan Aasaraa ||1||	I have come to the Sanctuary of the Merciful Lord, the Destroyer of pain; I am holding tight to the Support of His feet. ||1||	(ਜਦੋਂ ਤੋਂ ਮੈਂ) ਮੈਂ ਦੁੱਖਾਂ ਦੇ ਨਾਸ ਕਰਨ ਵਾਲੇ ਪ੍ਰਭੂ ਦੀ ਸਰਨ ਆ ਪਿਆ, ਤਰਸ ਦੇ ਮਾਲਕ ਹਰੀ ਦਾ ਮੈਂ ਆਸਰਾ ਲੈ ਲਿਆ ॥੧॥
30277	701	ਨਾਵ ਰੂਪ ਭਇਓ ਸਾਧਸੰਗੁ ਭਵ ਨਿਧਿ ਪਾਰਿ ਪਰਾ॥		Naav Roop Bhaeiou Saadhhasang Bhav Nidhh Paar Paraa ||	The Saadh Sangat, the Company of the Holy, has assumed the form of a boat, to cross over the terrifying world-ocean.	ਹੇ ਭਾਈ! ਗੁਰੂ ਦੀ ਸੰਗਤਿ ਨੇ ਮੇਰੇ ਵਾਸਤੇ ਬੇੜੀ ਦਾ ਕੰਮ ਦਿੱਤਾ, ਮੈਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ ਹਾਂ।
30278	701	ਅਪਿਉ ਪੀਓ ਗਤੁ ਥੀਓ ਭਰਮਾ ਕਹੁ ਨਾਨਕ ਅਜਰੁ ਜਰਾ॥੨॥੨॥੬॥	(ਅਪਿਉ) ਨਾਮ ਅੰਮ੍ਰਿਤ। (ਗਤੁ) ਨਾਸ। ਅ-ਜਰੁ	Apio Peeou Gath Thheeou Bharamaa Kahu Naanak Ajar Jaraa ||2||2||6||	I drink in the Ambrosial Nectar, and my doubts are shattered; says Nanak, I can bear the unbearable. ||2||2||6||	ਨਾਨਕ ਆਖਦਾ ਹੈ- ਮੈਂ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਲਿਆ ਹੈ, ਮੇਰੇ ਮਨ ਦੀ ਭਟਕਣਾ ਦੂਰ ਹੋ ਗਈ ਹੈ, ਮੈਂ ਉਹ ਆਤਮਕ ਦਰਜਾ ਪ੍ਰਾਪਤ ਕਰ ਲਿਆ ਹੈ ਜਿਸ ਨੂੰ ਬੁਢੇਪਾ ਨਹੀਂ ਆ ਸਕਦਾ ॥੨॥੨॥੬॥
30279	701	ਜੈਤਸਰੀ ਮਹਲਾ ੫॥		Jaithasaree Mehalaa 5 ||	Jaitsree, Fifth Mehl:	
30280	701	ਜਾ ਕਉ ਭਏ ਗੋਵਿੰਦ ਸਹਾਈ॥		Jaa Ko Bheae Govindh Sehaaee ||	One who has the Lord of the Universe as his help and support	ਹੇ ਭਾਈ! ਜਿਨ੍ਹਾਂ ਮਨੁੱਖਾਂ ਵਾਸਤੇ ਪਰਮਾਤਮਾ ਮਦਦਗਾਰ ਬਣ ਜਾਂਦਾ ਹੈ,

30281	701	ਸੂਖ ਸਹਜ ਆਨੰਦ ਸਗਲ ਸਿਉ ਵਾ ਕਉ ਬਿਆਧਿ ਨ ਕਾਈ॥੧॥ਰਹਾਉ॥	(ਬਿਆਧਿ) ਰੋਗ	Sookh Sehaj Aanandh Sagal Sio Vaa Ko Biaadhh N Kaaee ||1|| Rehaao ||	Is blessed with all peace, poise and bliss; no afflictions cling to him. ||1||Pause||	(ਉਹਨਾਂ ਦੀ ਉਮਰ) ਆਤਮਕ ਅਡੋਲਤਾ ਦੇ ਸਾਰੇ ਸੁਖਾਂ ਆਨੰਦਾਂ ਨਾਲ (ਬੀਤਦੀ ਹੈ) ਉਹਨਾਂ ਨੂੰ ਕੋਈ ਰੋਗ ਨਹੀਂ ਪੋਂਹਦਾ ॥੧॥ ਰਹਾਉ ॥
30282	701	ਦੀਸਹਿ ਸਭ ਸੰਗਿ ਰਹਹਿ ਅਲੇਪਾ ਨਹ ਵਿਆਪੈ ਉਨ ਮਾਈ॥	(ਮਾਈ) ਮਾਇਆ	Dheesehi Sabh Sang Rehehi Alaepaa Neh Viaapai Oun Maaee ||	He appears to keep company with everyone, but he remains detached, and Maya does not cling to him.	ਹੇ ਭਾਈ! ਉਹ ਮਨੁੱਖ ਸਭਨਾਂ ਨਾਲ (ਵਰਤਦੇ) ਦਿੱਸਦੇ ਹਨ, ਪਰ ਉਹ (ਮਾਇਆ ਤੋਂ) ਨਿਰਲੇਪ ਰਹਿੰਦੇ ਹਨ, ਮਾਇਆ ਉਹਨਾਂ ਉਤੇ ਆਪਣਾ ਜ਼ੋਰ ਨਹੀਂ ਪਾ ਸਕਦੀ।
30283	701	ਏਕੈ ਰੰਗਿ ਤਤ ਕੇ ਬੇਤੇ ਸਤਿਗੁਰ ਤੇ ਬੁਧਿ ਪਾਈ॥੧॥	(ਬੇਤੇ) ਜਾਣਨ ਵਾਲੇ	Eaekai Rang Thath Kae Baethae Sathigur Thae Budhh Paaee ||1||	He is absorbed in love of the One Lord; he understands the essence of reality, and he is blessed with wisdom by the True Guru. ||1||	ਉਹ ਇਕ ਪਰਮਾਤਮਾ ਦੇ ਪ੍ਰੇਮ ਵਿਚ ਟਿਕੇ ਰਹਿੰਦੇ ਹਨ, ਉਹ ਜੀਵਨ ਦੀ ਅਸਲੀਅਤ ਦੇ ਜਾਣਨ ਵਾਲੇ ਬਣ ਜਾਂਦੇ ਹਨ- ਇਹ ਅਕਲ ਉਹਨਾਂ ਗੁਰੂ ਪਾਸੋਂ ਪ੍ਰਾਪਤ ਕਰ ਲਈ ਹੁੰਦੀ ਹੈ ॥੧॥

30284	701	ਦਇਆ ਮਇਆ ਕਿਰਪਾ ਠਾਕੁਰ ਕੀ ਸੇਈ ਸੰਤ ਸੁਭਾਈ॥	(ਮਇਆ) ਕ੍ਰਿਪਾ। (ਸੁਭਾਈ)ਸ੍ਰੇਸਟ-ਭਾਈ	Dhaeiaa Maeiaa Kirapaa Thaakur Kee Saeee Santh Subhaaee ||	Those whom the Lord and Master blesses with His kindness, compassion and mercy are the sublime and sanctified Saints.	ਉਹ ਮਨੁੱਖ ਪ੍ਰੇਮ-ਭਰੇ ਹਿਰਦੇ ਵਾਲੇ ਸੰਤ ਬਣ ਜਾਂਦੇ ਹਨ, ਜਿਨ੍ਹਾਂ ਉਤੇ ਮਾਲਕ-ਪ੍ਰਭੂ ਦੀ ਕਿਰਪਾ ਮੇਹਰ ਦਇਆ ਹੁੰਦੀ ਹੈ।
30285	701	ਤਿਨ ਕੈ ਸੰਗਿ ਨਾਨਕ ਨਿਸਤਰੀਐ ਜਿਨ ਰਸਿ ਰਸਿ ਹਰਿ ਗੁਨ ਗਾਈ॥੨॥੩॥੭॥		Thin Kai Sang Naanak Nisathareeai Jin Ras Ras Har Gun Gaaee ||2||3||7||	Associating with them, Nanak is saved; with love and exuberant joy, they sing the Glorious Praises of the Lord. ||2||3||7||	ਹੇ ਨਾਨਕ! ਜੇਹੜੇ ਮਨੁੱਖ ਸਦਾ ਪ੍ਰੇਮ ਨਾਲ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਉਹਨਾਂ ਦੀ ਸੰਗਤਿ ਵਿਚ ਰਹਿ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ ॥੨॥੩॥੭॥
30286	701	ਜੈਤਸਰੀ ਮਹਲਾ ੫॥		Jaithasaree Mehalaa 5 ||	Jaitsree, Fifth Mehl:	
30287	701	ਗੋਬਿੰਦ ਜੀਵਨ ਪ੍ਰਾਨ ਧਨ ਰੂਪ॥		Gobindh Jeevan Praan Dhhan Roop ||	The Lord of the Universe is my existence, my breath of life, wealth and beauty.	ਹੇ ਗੋਬਿੰਦ! ਤੂੰ ਅਸਾਂ ਜੀਵਾਂ ਦੀ ਜ਼ਿੰਦਗੀ ਹੈਂ, ਪ੍ਰਾਨ ਹੈਂ, ਧਨ ਹੈਂ, ਸੁਹਜ ਹੈਂ।

30288	701	ਅਗਿਆਨ ਮੋਹ ਮਗਨ ਮਹਾ ਪ੍ਰਾਨੀ ਅੰਧਿਆਰੇ ਮਹਿ ਦੀਪ॥੧॥ਰਹਾਉ॥		Agiaan Moh Magan Mehaa Praanee Andhhiaarae Mehi Dheep ||1|| Rehaao ||	The ignorant are totally intoxicated with emotional attachment; in this darkness, the Lord is the only lamp. ||1||Pause||	ਜੀਵ ਆਤਮਕ ਜੀਵਨ ਵਲੋਂ ਬੇ-ਸਮਝੀ ਵਿਚ, ਮੋਹ ਵਿਚ ਬਹੁਤ ਡੁੱਬੇ ਰਹਿੰਦੇ ਹਨ, ਇਸ ਹਨੇਰੇ ਵਿਚ ਤੂੰ (ਜੀਵਾਂ ਲਈ) ਦੀਵਾ ਹੈਂ ॥੧॥ ਰਹਾਉ ॥
30289	701	ਸਫਲ ਦਰਸਨੁ ਤੁਮਰਾ ਪ੍ਰਭ ਪ੍ਰੀਤਮ ਚਰਨਕਮਲ ਆਨੂਪ॥		Safal Dharasan Thumaraa Prabh Preetham Charan Kamal Aanoop ||	Fruitful is the Blessed Vision of Your Darshan, O Beloved God; Your lotus feet are incomparably beautiful!	ਹੇ ਪ੍ਰੀਤਮ ਪ੍ਰਭੂ! ਤੇਰਾ ਦਰਸ਼ਨ ਜੀਵਨ ਮਨੋਰਥ ਪੂਰਾ ਕਰਨ ਵਾਲਾ ਹੈ, ਤੇਰੇ ਸੋਹਣੇ ਚਰਨ ਬੇ-ਮਿਸਾਲ ਹਨ।
30290	701	ਅਨਿਕ ਬਾਰ ਕਰਉ ਤਿਹ ਬੰਦਨ ਮਨਹਿ ਚਰ੍ਹਾਵਉ ਧੂਪ॥੧॥	(ਬੰਦਨ) ਨਮਸਕਾਰ	Anik Baar Karo Thih Bandhan Manehi Charhaavo Dhhoop ||1||	So many times, I bow in reverence to Him, offering my mind as incense to Him. ||1||	ਮੈਂ (ਤੇਰੇ) ਇਹਨਾਂ ਚਰਨਾਂ ਉਤੇ ਅਨੇਕਾਂ ਵਾਰੀ ਨਮਸਕਾਰ ਕਰਦਾ ਹਾਂ, ਆਪਣਾ ਮਨ ਹੀ (ਤੇਰੇ ਚਰਨਾਂ ਅੱਗੇ) ਭੇਟਾ ਧਰਦਾ ਹਾਂ ਇਹੀ ਧੂਪ ਅਰਪਣ ਕਰਦਾ ਹਾਂ ॥੧॥
30291	701	ਹਾਰਿ ਪਰਿਓ ਤੁਮ੍ਰੈ ਪ੍ਰਭ ਦੁਆਰੈ ਦ੍ਰਿੜ ਕਰਿ ਗਹੀ ਤੁਮ੍ਾਰੀ ਲੂਕ॥	(ਲੂਕ) ਸ਼ਰਨ	Haar Pariou Thumharai Prabh Dhuaarai Dhrirrha Kar Gehee Thumhaaree Look ||	Exhausted, I have fallen at Your Door, O God; I am holding tight to Your Support.	ਹੇ ਪ੍ਰਭੂ! (ਹੋਰ ਆਸਰਿਆਂ ਵਲੋਂ) ਥੱਕ ਕੇ ਮੈਂ ਤੇਰੇ ਦਰ ਤੇ ਆ ਡਿੱਗਾ ਹਾਂ। ਮੈਂ ਤੇਰੀ ਓਟ ਪੱਕੀ ਕਰ ਕੇ ਫੜ ਲਈ ਹੈ।

30292	701	ਕਾਢਿ ਲੇਹੁ ਨਾਨਕ ਅਪੁਨੇ ਕਉ ਸੰਸਾਰ ਪਾਵਕ ਕੇ ਕੂਪ॥੨॥੪॥੮॥		Kaadt Laehu Naanak Apunae Ko Sansaar Paavak Kae Koop ||2||4||8||	Please, lift Your humble servant Nanak up, out of the pit of fire of the world. ||2||4||8||	ਹੇ ਪ੍ਰਭੂ! ਸੰਸਾਰ-ਅੱਗ ਦੇ ਖੂਹ ਵਿਚੋਂ ਆਪਣੇ ਦਾਸ ਨਾਨਕ ਨੂੰ ਕੱਢ ਲੈ ॥੨॥੪॥੮॥
30293	701	ਜੈਤਸਰੀ ਮਹਲਾ ੫॥		Jaithasaree Mehalaa 5 ||	Jaitsree, Fifth Mehl:	
30294	701	ਕੋਈ ਜਨੁ ਹਰਿ ਸਿਉ ਦੇਵੈ ਜੋਰਿ॥		Koee Jan Har Sio Dhaevai Jor ||	If only someone would unite me with the Lord!	ਹੇ ਭਾਈ! ਜੇ ਕੋਈ ਮਨੁੱਖ ਮੈਨੂੰ ਪਰਮਾਤਮਾ (ਦੇ ਚਰਨਾਂ) ਨਾਲ ਜੋੜ ਦੇਵੇ,
30295	701	ਚਰਨ ਗਹਉ ਬਕਉ ਸੁਭ ਰਸਨਾ ਦੀਜੈ ਪ੍ਰਾਨ ਅਕੋਰਿ॥੧॥ਰਹਾਉ॥	(ਅਕੋਰਿ) ਭੇਟਾ	Charan Geho Bako Subh Rasanaa Dheejehi Praan Akor ||1|| Rehaao ||	I hold tight to His feet, and utter sweet words with my tongue; I make my breath of life an offering to Him. ||1||Pause||	ਤਾਂ ਮੈਂ ਉਸ ਦੇ ਚਰਨ ਫੜ ਲਵਾਂ, ਮੈਂ ਜੀਭ ਨਾਲ (ਉਸ ਦੇ ਧੰਨਵਾਦ ਦੇ) ਮਿੱਠੇ ਬੋਲ ਬੋਲਾਂ। ਮੇਰੇ ਇਹ ਪ੍ਰਾਣ ਉਸ ਅੱਗੇ ਭੇਟਾ ਦੇ ਤੌਰ ਤੇ ਦਿੱਤੇ ਜਾਣ ॥੧॥ ਰਹਾਉ ॥
30296	701	ਮਨੁ ਤਨੁ ਨਿਰਮਲ ਕਰਤ ਕਿਆਰੋ ਹਰਿ ਸਿੰਚੈ ਸੁਧਾ ਸੰਜੋਰਿ॥	(ਸੁਧਾ) ਅੰਮ੍ਰਿਤ। (ਸੰਜੋਰਿ) ਚੰਗੀ ਤਰਾਂ ਜੋੜ ਕੇ	Man Than Niramal Karath Kiaaro Har Sinchai Sudhhaa Sanjor ||	I make my mind and body into pure little gardens, and irrigate them with the sublime essence of the Lord.	ਹੇ ਭਾਈ! ਕੋਈ ਵਿਰਲਾ ਮਨੁੱਖ ਪਰਮਾਤਮਾ ਦੀ ਕਿਰਪਾ ਨਾਲ ਆਪਣੇ ਮਨ ਨੂੰ ਸਰੀਰ ਨੂੰ, ਪਵਿਤ੍ਰ ਕਿਆਰਾ ਬਣਾਂਦਾ ਹੈ, ਉਸ ਵਿਚ ਪ੍ਰਭੂ ਦਾ ਨਾਮ-ਜਲ ਚੰਗੀ ਤਰ੍ਹਾਂ ਸਿੰਜਦਾ ਹੈ,

30297	701	ਇਆ ਰਸ ਮਹਿ ਮਗਨੁ ਹੋਤ ਕਿਰਪਾ ਤੇ ਮਹਾ ਬਿਖਿਆ ਤੇ ਤੋਰਿ॥੧॥		Eiaa Ras Mehi Magan Hoth Kirapaa Thae Mehaa Bikhiaa Thae Thor ||1||	I am drenched with this sublime essence by His Grace, and the powerful hold of Maya's corruption has been broken. ||1||	ਤੇ, ਵੱਡੀ (ਮੋਹਣੀ) ਮਾਇਆ ਨਾਲੋਂ (ਸੰਬੰਧ) ਤੋੜ ਕੇ ਇਸ (ਨਾਮ-) ਰਸ ਵਿਚ ਮਸਤ ਰਹਿੰਦਾ ਹੈ ॥੧॥
30298	701	ਆਇਓ ਸਰਣਿ ਦੀਨ ਦੁਖਭੰਜਨ ਚਿਤਵਉ ਤੁਮ੍ਰੀ ਓਰਿ॥	(ਓਰਿ) ਓਟ	Aaeiou Saran Dheen Dhukh Bhanjan Chithavo Thumharee Our ||	I have come to Your Sanctuary, O Destroyer of the suffering of the innocent; I keep my consciousness focused on You.	ਹੇ ਦੀਨਾਂ ਦੇ ਦੁੱਖ ਨਾਸ ਕਰਨ ਵਾਲੇ! ਮੈਂ ਤੇਰੀ ਸਰਨ ਆਇਆ ਹਾਂ, ਮੈਂ ਤੇਰਾ ਹੀ ਆਸਰਾ (ਆਪਣੇ ਮਨ ਵਿਚ) ਚਿਤਾਰਦਾ ਰਹਿੰਦਾ ਹਾਂ।
30299	702	ਅਭੈ ਪਦੁ ਦਾਨੁ ਸਿਮਰਨੁ ਸੁਆਮੀ ਕੋ ਪ੍ਰਭ ਨਾਨਕ ਬੰਧਨ ਛੋਰਿ॥੨॥੫॥੯॥	ਅ-ਭੈ:ਪੋਲਾ ਬੋਲੋ	Abhai Padh Dhaan Simaran Suaamee Ko Prabh Naanak Bandhhan Shhor ||2||5||9||	Bless me with the gifts of the state of fearlessness, and meditative remembrance, Lord and Master; O Nanak, God is the Breaker of bonds. ||2||5||9||	ਹੇ ਪ੍ਰਭੂ! (ਮੈਂ) ਨਾਨਕ ਦੇ (ਮਾਇਆ ਵਾਲੇ) ਬੰਧਨ ਛੁਡਾ ਕੇ ਮੈਨੂੰ ਆਪਣੇ ਨਾਮ ਦਾ ਸਿਮਰਨ ਦੇਹ, ਮੈਨੂੰ (ਵਿਕਾਰਾਂ ਦੇ ਟਾਕਰੇ ਤੇ) ਨਿਰਭੈਤਾ ਵਾਲੀ ਅਵਸਥਾ ਬਖ਼ਸ਼ ॥੨॥੫॥੯॥
30300	702	ਜੈਤਸਰੀ ਮਹਲਾ ੫॥		Jaithasaree Mehalaa 5 ||	Jaitsree, Fifth Mehl:	

30301	702	ਚਾਤ੍ਰਿਕ ਚਿਤਵਤ ਬਰਸਤ ਮੇਂਹ॥		Chaathrik Chithavath Barasath Maeneh ||	The rainbird longs for the rain to fall.	ਜਿਵੇਂ ਪਪੀਹਾ (ਹਰ ਵੇਲੇ) ਮੀਂਹ ਦਾ ਵੱਸਣਾ ਚਿਤਵਦਾ ਰਹਿੰਦਾ ਹੈ (ਵਰਖਾ ਚਾਹੁੰਦਾ ਹੈ),
30302	702	ਕ੍ਰਿਪਾਸਿੰਧੁ ਕਰੁਣਾ ਪ੍ਰਭ ਧਾਰਹੁ ਹਰਿ ਪ੍ਰੇਮ ਭਗਤਿ ਕੋ ਨੇਂਹ॥੧॥ਰਹਾਉ॥	(ਨੇਂਹ) ਪ੍ਰੇਮ	Kirapaa Sindhh Karunaa Prabh Dhhaarahu Har Praem Bhagath Ko Naeneh ||1|| Rehaao ||	O God, ocean of mercy, shower Your mercy on me, that I may yearn for loving devotional worship of the Lord. ||1||Pause||	ਤਿਵੇਂ, ਹੇ ਕਿਰਪਾ ਦੇ ਸਮੁੰਦਰ! ਹੇ ਪ੍ਰਭੂ! (ਮੈਂ ਚਿਤਵਦਾ ਰਹਿੰਦਾ ਹਾਂ ਕਿ ਮੇਰੇ ਉੱਤੇ) ਤਰਸ ਕਰੋ, ਮੈਨੂੰ ਆਪਣੀ ਪਿਆਰ-ਭਰੀ ਭਗਤੀ ਦੀ ਲਗਨ ਬਖ਼ਸ਼ੋ ॥੧॥ ਰਹਾਉ ॥
30303	702	ਅਨਿਕ ਸੂਖ ਚਕਵੀ ਨਹੀ ਚਾਹਤ ਅਨਦ ਪੂਰਨ ਪੇਖਿ ਦੇਂਹ॥	(ਦੇਂਹ) ਸੂਰਜ	Anik Sookh Chakavee Nehee Chaahath Anadh Pooran Paekh Dhaeneh ||	The chakvi duck does not desire many comforts, but it is filled with bliss upon seeing the dawn.	ਹੇ ਭਾਈ! ਚਕਵੀ (ਹੋਰ) ਅਨੇਕਾਂ ਸੁਖ (ਭੀ) ਨਹੀਂ ਮੰਗਦੀ, ਸੂਰਜ ਨੂੰ ਵੇਖ ਕੇ ਉਸ ਦੇ ਅੰਦਰ ਪੂਰਨ ਆਨੰਦ ਪੈਦਾ ਹੋ ਜਾਂਦਾ ਹੈ।
30304	702	ਆਨ ਉਪਾਵ ਨ ਜੀਵਤ ਮੀਨਾ ਬਿਨੁ ਜਲ ਮਰਨਾ ਤੇਂਹ॥੧॥		Aan Oupaav N Jeevath Meenaa Bin Jal Maranaa Thaeneh ||1||	The fish cannot survive any other way - without water, it dies. ||1||	(ਪਾਣੀ ਤੋਂ ਬਿਨਾ) ਹੋਰ ਹੋਰ ਅਨੇਕਾਂ ਉਪਾਵਾਂ ਨਾਲ ਭੀ ਮੱਛੀ ਜੀਊਂਦੀ ਨਹੀਂ ਰਹਿ ਸਕਦੀ, ਪਾਣੀ ਤੋਂ ਬਿਨਾ ਉਸ ਦੀ ਮੌਤ ਹੋ ਜਾਂਦੀ ਹੈ ॥੧॥
30305	702	ਹਮ ਅਨਾਥ ਨਾਥ ਹਰਿ ਸਰਣੀ ਅਪੁਨੀ ਕ੍ਰਿਪਾ ਕਰੇਂਹ॥		Ham Anaathh Naathh Har Saranee Apunee Kirapaa Karaeneh ||	I am a helpless orphan - I seek Your Sanctuary, O My Lord and Master; please bless me with Your mercy.	ਹੇ ਨਾਥ! (ਤੈਥੋਂ ਬਿਨਾ) ਅਸੀਂ ਨਿਆਸਰੇ ਸਾਂ। ਆਪਣੀ ਮੇਹਰ ਕਰ, ਤੇ, ਸਾਨੂੰ ਆਪਣੀ ਸਰਨ ਵਿਚ ਰੱਖ।

30306	702	ਚਰਣਕਮਲ ਨਾਨਕੁ ਆਰਾਧੈ ਤਿਸੁ ਬਿਨੁ ਆਨ ਨ ਕੇਂਹ॥੨॥੬॥੧੦॥	(ਕੇਂਹ) ਕੋਈ	Charan Kamal Naanak Aaraadhhai This Bin Aan N Kaeneh ||2||6||10||	Nanak worships and adores the Lord's lotus feet; without Him, there is no other at all. ||2||6||10||	(ਤੇਰਾ ਦਾਸ) ਨਾਨਕ ਤੇਰੇ ਸੋਹਣੇ ਚਰਨਾਂ ਦੀ ਆਰਾਧਨਾ ਕਰਦਾ ਰਹੇ, ਸਿਮਰਨ ਤੋਂ ਬਿਨਾ (ਨਾਨਕ ਨੂੰ) ਹੋਰ ਕੁਝ ਭੀ ਚੰਗਾ ਨਹੀਂ ਲੱਗਦਾ ॥੨॥੬॥੧੦॥
30307	702	ਜੈਤਸਰੀ ਮਹਲਾ ੫॥		Jaithasaree Mehalaa 5 ||	Jaitsree, Fifth Mehl:	
30308	702	ਮਨਿ ਤਨਿ ਬਸਿ ਰਹੇ ਮੇਰੇ ਪ੍ਰਾਨ॥		Man Than Bas Rehae Maerae Praan ||	The Lord, my very breath of life, abides in my mind and body.	ਹੇ ਭਾਈ! ਮੇਰੇ ਪ੍ਰਾਣਾਂ ਦੇ ਆਸਰੇ ਪ੍ਰਭੂ ਜੀ ਹੁਣ ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਵੱਸ ਰਹੇ ਹਨ।
30309	702	ਕਰਿ ਕਿਰਪਾ ਸਾਧੂਸੰਗਿ ਭੇਟੇ ਪੂਰਨ ਪੁਰਖ ਸੁਜਾਨ॥੧॥ਰਹਾਉ॥	(ਸੁਜਾਨ) ਸ੍ਰੇਸ਼ਟ ਜਾਣੀਜਾਣ	Kar Kirapaa Saadhhoo Sang Bhaettae Pooran Purakh Sujaan ||1|| Rehaao ||	Bless me with Your mercy, and unite me with the Saadh Sangat, the Company of the Holy, O perfect, all-knowing Lord God. ||1||Pause||	ਉਹ ਸਰਬ-ਗੁਣ-ਭਰਪੂਰ, ਸਰਬ-ਵਿਆਪਕ, ਸਭ ਦੇ ਦਿਲਾਂ ਦੀ ਜਾਣਨ ਵਾਲੇ ਪ੍ਰਭੂ ਜੀ (ਆਪਣੀ) ਮੇਹਰ ਕਰ ਕੇ ਮੈਨੂੰ ਗੁਰੂ ਦੀ ਸੰਗਤਿ ਵਿਚ ਮਿਲ ਪਏ ॥੧॥ ਰਹਾਉ ॥
30310	702	ਪ੍ਰੇਮ ਠਗਉਰੀ ਜਿਨ ਕਉ ਪਾਈ ਤਿਨ ਰਸੁ ਪੀਅਉ ਭਾਰੀ॥		Praem Thagouree Jin Ko Paaee Thin Ras Peeao Bhaaree ||	Those, unto whom You give the intoxicating herb of Your Love, drink in the supreme sublime essence.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ (ਗੁਰੂ ਪਾਸੋਂ ਪਰਮਾਤਮਾ ਦੇ) ਪਿਆਰ ਦੀ ਠੱਗ-ਬੂਟੀ ਲੱਭ ਪਈ, ਉਹਨਾਂ ਨਾਮ-ਜਲ ਰੱਜ ਰੱਜ ਕੇ ਪੀ ਲਿਆ।

30311	702	ਤਾ ਕੀ ਕੀਮਤਿ ਕਹਣੁ ਨ ਜਾਈ ਕੁਦਰਤਿ ਕਵਨ ਹਮ੍ਾਰੀ॥੧॥		Thaa Kee Keemath Kehan N Jaaee Kudharath Kavan Hamhaaree ||1||	I cannot describe their value; what power do I have? ||1||	ਉਸ (ਨਾਮ-ਜਲ) ਦੀ ਕੀਮਤ ਦੱਸੀ ਨਹੀਂ ਜਾ ਸਕਦੀ। ਮੇਰੀ ਕੀਹ ਤਾਕਤ ਹੈ (ਕਿ ਮੈਂ ਉਸ ਨਾਮ-ਜਲ ਦਾ ਮੁੱਲ ਦੱਸ ਸਕਾਂ)? ॥੧॥
30312	702	ਲਾਇ ਲਏ ਲੜਿ ਦਾਸ ਜਨ ਅਪੁਨੇ ਉਧਰੇ ਉਧਰਨਹਾਰੇ॥	(ਉਧ-ਰੇ) ਆਪ ਔਗਣਾਂ ਪਾਪਾਂ ਵਿਕਾਰਾਂ ਤੋਂ ਉਧਰੇ, ਹੋਰਨਾ ਨੂੰ (ਉ-ਧਰਨਹਾਰੇ) ਉਧਾਰਨ ਵਾਲੇ	Laae Leae Larr Dhaas Jan Apunae Oudhharae Oudhharanehaarae ||	The Lord attaches His humble servants to the hem of His robe, and they swim across the world-ocean.	ਹੇ ਨਾਨਕ! ਪ੍ਰਭੂ ਨੇ (ਸਦਾ) ਆਪਣੇ ਦਾਸ ਆਪਣੇ ਸੇਵਕ ਆਪਣੇ ਲੜ ਲਾ ਕੇ ਰੱਖੇ ਹਨ, (ਤੇ, ਇਸ ਤਰ੍ਹਾਂ) ਉਸ ਬਚਾਣ ਦੀ ਸਮਰਥਾ ਵਾਲੇ ਪ੍ਰਭੂ ਨੇ (ਸੇਵਕਾਂ ਨੂੰ ਸੰਸਾਰ ਦੇ ਵਿਕਾਰਾਂ ਤੋਂ ਸਦਾ) ਬਚਾਇਆ ਹੈ।
30313	702	ਪ੍ਰਭੁ ਸਿਮਰਿ ਸਿਮਰਿ ਸਿਮਰਿ ਸੁਖੁ ਪਾਇਓ ਨਾਨਕ ਸਰਣਿ ਦੁਆਰੇ॥੨॥੭॥੧੧॥		Prabh Simar Simar Simar Sukh Paaeiou Naanak Saran Dhuaarae ||2||7||11||	Meditating, meditating, meditating in remembrance on God, peace is obtained; Nanak seeks the Sanctuary of Your Door. ||2||7||11||	ਪ੍ਰਭੂ ਦੇ ਦਰ ਤੇ ਆ ਕੇ, ਪ੍ਰਭੂ ਦੀ ਸਰਨ ਪੈ ਕੇ, ਸੇਵਕਾਂ ਨੇ ਪ੍ਰਭੂ ਨੂੰ ਸਦਾ ਸਦਾ ਸਿਮਰ ਕੇ (ਸਦਾ) ਆਤਮਕ ਆਨੰਦ ਮਾਣਿਆ ਹੈ ॥੨॥੭॥੧੧॥
30314	702	ਜੈਤਸਰੀ ਮਹਲਾ ੫॥		Jaithasaree Mehalaa 5 ||	Jaitsree, Fifth Mehl:	

30315	702	ਆਏ ਅਨਿਕ ਜਨਮ ਭ੍ਰਮਿ ਸਰਣੀ॥		Aaeae Anik Janam Bhram Saranee ||	After wandering through so many incarnations, I have come to Your Sanctuary.	ਹੇ ਪ੍ਰਭੂ! ਅਸੀਂ ਜੀਵ ਕਈ ਜਨਮਾਂ ਵਿਚ ਭੌਂ ਕੇ ਹੁਣ ਤੇਰੀ ਸਰਨ ਆਏ ਹਾਂ।
30316	702	ਉਧਰੁ ਦੇਹ ਅੰਧ ਕੂਪ ਤੇ ਲਾਵਹੁ ਅਪੁਨੀ ਚਰਣੀ॥੧॥ਰਹਾਉ॥	(ਉ-ਧਰੁ) ਉਧਾਰਨਾ ਕਰੋ	Oudhhar Dhaeh Andhh Koop Thae Laavahu Apunee Charanee ||1|| Rehaao ||	Save me - lift my body up out of the deep, dark pit of the world, and attach me to Your feet. ||1||Pause||	ਸਾਡੇ ਸਰੀਰ ਨੂੰ (ਮਾਇਆ ਦੇ ਮੋਹ ਦੇ) ਘੁੱਪ ਹਨੇਰੇ ਖੂਹ ਤੋਂ ਬਚਾ ਲੈ, ਆਪਣੇ ਚਰਨਾਂ ਵਿਚ ਜੋੜੀ ਰੱਖ ॥੧॥ ਰਹਾਉ ॥
30317	702	ਗਿਆਨੁ ਧਿਆਨੁ ਕਿਛੁ ਕਰਮੁ ਨ ਜਾਨਾ ਨਾਹਿਨ ਨਿਰਮਲ ਕਰਣੀ॥		Giaan Dhhiaan Kishh Karam N Jaanaa Naahin Niramal Karanee ||	I do not know anything about spiritual wisdom, meditation or karma, and my way of life is not clean and pure.	ਹੇ ਪ੍ਰਭੂ! ਮੈਨੂੰ ਆਤਮਕ ਜੀਵਨ ਦੀ ਸੂਝ ਨਹੀਂ, ਮੇਰੀ ਸੁਰਤ ਤੇਰੇ ਚਰਨਾਂ ਵਿਚ ਜੁੜੀ ਨਹੀਂ ਰਹਿੰਦੀ, ਮੈਨੂੰ ਕੋਈ ਚੰਗਾ ਕੰਮ ਕਰਨਾ ਨਹੀਂ ਆਉਂਦਾ, ਮੇਰਾ ਕਰਤੱਬ ਭੀ ਸੁੱਚਾ ਨਹੀਂ ਹੈ।
30318	702	ਸਾਧਸੰਗਤਿ ਕੈ ਅੰਚਲਿ ਲਾਵਹੁ ਬਿਖਮ ਨਦੀ ਜਾਇ ਤਰਣੀ॥੧॥	(ਅੰਚਲਿ) ਪੱਲੇ	Saadhhasangath Kai Anchal Laavahu Bikham Nadhee Jaae Tharanee ||1||	Please attach me to the hem of the robe of the Saadh Sangat, the Company of the Holy; help me to cross over the terrible river. ||1||	ਹੇ ਪ੍ਰਭੂ! ਮੈਨੂੰ ਸਾਧ ਸੰਗਤਿ ਦੇ ਲੜ ਲਾ ਦੇ, ਤਾ ਕਿ ਇਹ ਔਖੀ (ਸੰਸਾਰ-) ਨਦੀ ਤਰੀ ਜਾ ਸਕੇ ॥੧॥

30319	702	ਸੁਖ ਸੰਪਤਿ ਮਾਇਆ ਰਸ ਮੀਠੇ ਇਹ ਨਹੀ ਮਨ ਮਹਿ ਧਰਣੀ॥	(ਸੰਪਤਿ) ਧਨ	Sukh Sanpath Maaeiaa Ras Meethae Eih Nehee Man Mehi Dhharanee ||	Comforts, riches and the sweet pleasures of Maya - do not implant these within your mind.	ਦੁਨੀਆ ਦੇ ਸੁਖ, ਧਨ, ਮਾਇਆ ਦੇ ਮਿੱਠੇ ਸੁਆਦ-ਪਰਮਾਤਮਾ ਦੇ ਦਾਸ ਇਹਨਾਂ ਪਦਾਰਥਾਂ ਨੂੰ (ਆਪਣੇ) ਮਨ ਵਿਚ ਨਹੀਂ ਵਸਾਂਦੇ।
30320	702	ਹਰਿ ਦਰਸਨ ਤ੍ਰਿਪਤਿ ਨਾਨਕ ਦਾਸ ਪਾਵਤ ਹਰਿ ਨਾਮ ਰੰਗ ਆਭਰਣੀ॥੨॥੮॥੧੨॥	(ਆ-ਭਰਣੀ) ਗਹਣਾ	Har Dharasan Thripath Naanak Dhaas Paavath Har Naam Rang Aabharanee ||2||8||12||	Slave Nanak is satisfied and satiated by the Blessed Vision of the Lord's Darshan; his only ornamentation is the love of the Lord's Name. ||2||8||12||	ਹੇ ਨਾਨਕ! ਪਰਮਾਤਮਾ ਦੇ ਦਰਸਨ ਨਾਲ ਹੀ ਉਹ ਸੰਤੋਖ ਹਾਸਲ ਕਰਦੇ ਹਨ, ਪਰਮਾਤਮਾ ਦੇ ਨਾਮ ਦਾ ਪਿਆਰ ਹੀ ਉਹਨਾਂ (ਦੇ ਜੀਵਨ) ਦਾ ਗਹਣਾ ਹੈ ॥੨॥੮॥੧੨॥
30321	702	ਜੈਤਸਰੀ ਮਹਲਾ ੫॥		Jaithasaree Mehalaa 5 ||	Jaitsree, Fifth Mehl:	
30322	702	ਹਰਿ ਜਨ ਸਿਮਰਹੁ ਹਿਰਦੈ ਰਾਮ॥		Har Jan Simarahu Hiradhai Raam ||	O humble servants of the Lord, remember the Lord in meditation within your heart.	ਹੇ ਪਰਮਾਤਮਾ ਦੇ ਪਿਆਰਿਓ! ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਸਿਮਰਿਆ ਕਰੋ।

30323	702	ਹਰਿ ਜਨ ਕਉ ਅਪਦਾ ਨਿਕਟਿ ਨ ਆਵੈ ਪੂਰਨ ਦਾਸ ਕੇ ਕਾਮ॥੧॥ਰਹਾਉ॥	(ਅਪਦਾ) ਬਿਪਤਾ	Har Jan Ko Apadhaa Nikatt N Aavai Pooran Dhaas Kae Kaam ||1|| Rehaao ||	Misfortune does not even approach the Lord's humble servant; the works of His slave are perfectly fulfilled. ||1||Pause||	ਕੋਈ ਭੀ ਬਿਪਤਾ ਪ੍ਰਭੂ ਦੇ ਸੇਵਕਾਂ ਦੇ ਨੇੜੇ ਨਹੀਂ ਆਉਂਦੀ, ਸੇਵਕਾਂ ਦੇ ਸਾਰੇ ਕੰਮ ਸਿਰੇ ਚੜ੍ਹਦੇ ਰਹਿੰਦੇ ਹਨ ॥੧॥ ਰਹਾਉ ॥
30324	702	ਕੋਟਿ ਬਿਘਨ ਬਿਨਸਹਿ ਹਰਿ ਸੇਵਾ ਨਿਹਚਲੁ ਗੋਵਿਦ ਧਾਮ॥	(ਧਾਮ) ਘਰ	Kott Bighan Binasehi Har Saevaa Nihachal Govidh Dhhaam ||	Millions of obstacles are removed, by serving the Lord, and one enters into the eternal dwelling of the Lord of the Universe.	ਹੇ ਸੰਤ ਜਨੋ! ਪਰਮਾਤਮਾ ਦੀ ਭਗਤੀ (ਦੀ ਬਰਕਤਿ) ਨਾਲ (ਜ਼ਿੰਦਗੀ ਦੇ ਰਾਹ ਵਿਚੋਂ) ਕ੍ਰੋੜਾਂ ਔਕੜਾਂ ਨਾਸ ਹੋ ਜਾਂਦੀਆਂ ਹਨ, ਅਤੇ, ਪਰਮਾਤਮਾ ਦਾ ਸਦਾ ਅਟੱਲ ਰਹਿਣ ਵਾਲਾ ਘਰ (ਭੀ ਮਿਲ ਜਾਂਦਾ ਹੈ)।
30325	702	ਭਗਵੰਤ ਭਗਤ ਕਉ ਭਉ ਕਿਛੁ ਨਾਹੀ ਆਦਰੁ ਦੇਵਤ ਜਾਮ॥੧॥		Bhagavanth Bhagath Ko Bho Kishh Naahee Aadhar Dhaevath Jaam ||1||	The Lord's devotee is very fortunate; he has absolutely no fear. Even the Messenger of Death pays homage to him. ||1||	ਭਗਵਾਨ ਦੇ ਭਗਤਾਂ ਨੂੰ ਕੋਈ ਭੀ ਡਰ ਪੋਹ ਨਹੀਂ ਸਕਦਾ, ਜਮਰਾਜ ਭੀ ਉਹਨਾਂ ਦਾ ਸਤਕਾਰ ਕਰਦਾ ਹੈ ॥੧॥
30326	702	ਤਜਿ ਗੋਪਾਲ ਆਨ ਜੋ ਕਰਣੀ ਸੋਈ ਸੋਈ ਬਿਨਸਤ ਖਾਮ॥	(ਖਾਮ) ਕੱਚੀ	Thaj Gopaal Aan Jo Karanee Soee Soee Binasath Khaam ||	Forsaking the Lord of the world, he does other deeds, but these are temporary and transitory.	ਹੇ ਨਾਨਕ! ਪਰਮਾਤਮਾ (ਦਾ ਸਿਮਰਨ) ਭੁਲਾ ਕੇ ਹੋਰ ਜੇਹੜਾ ਭੀ ਕੰਮ ਕਰੀਦਾ ਹੈ ਉਹ ਨਾਸਵੰਤ ਹੈ ਅਤੇ ਕੱਚਾ ਹੈ।

30327	702	ਚਰਨਕਮਲ ਹਿਰਦੈ ਗਹੁ ਨਾਨਕ ਸੁਖ ਸਮੂਹ ਬਿਸਰਾਮ॥੨॥੯॥੧੩॥		Charan Kamal Hiradhai Gahu Naanak Sukh Samooh Bisaraam ||2||9||13||	Grasp the Lord's lotus feet, and hold them in your heart, O Nanak; you shall obtain absolute peace and bliss. ||2||9||13||	(ਇਸ ਵਾਸਤੇ, ਹੇ ਨਾਨਕ!) ਪਰਮਾਤਮਾ ਦੇ ਸੋਹਣੇ ਚਰਨ (ਆਪਣੇ) ਹਿਰਦੇ ਵਿਚ ਵਸਾਈ ਰੱਖ, (ਇਹ ਹਰਿ-ਚਰਨ ਹੀ) ਸਾਰੇ ਸੁਖਾਂ ਦਾ ਘਰ ਹਨ ॥੨॥੯॥੧੩॥
30328	702	ਜੈਤਸਰੀ ਮਹਲਾ ੯		Jaithasaree Mehalaa 9	Jaitsree, Ninth Mehl: One Universal Creator God.	ਰਾਗ ਜੈਤਸਰੀ ਵਿੱਚ ਗੁਰੂ ਤੇਗਬਹਾਦਰ ਜੀ ਦੀ ਬਾਣੀ।
30329	702	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30330	702	ਭੂਲਿਓ ਮਨੁ ਮਾਇਆ ਉਰਝਾਇਓ॥		Bhooliou Man Maaeiaa Ourajhaaeiou ||	My mind is deluded, entangled in Maya.	ਹੇ ਭਾਈ! (ਸਹੀ ਜੀਵਨ-ਰਾਹ) ਭੁੱਲਿਆ ਹੋਇਆ ਮਨ ਮਾਇਆ (ਦੇ ਮੋਹ ਵਿਚ) ਫਸਿਆ ਰਹਿੰਦਾ ਹੈ।
30331	702	ਜੋ ਜੋ ਕਰਮ ਕੀਓ ਲਾਲਚ ਲਗਿ ਤਿਹ ਤਿਹ ਆਪੁ ਬੰਧਾਇਓ॥੧॥ਰਹਾਉ ॥		Jo Jo Karam Keeou Laalach Lag Thih Thih Aap Bandhhaaeiou ||1|| Rehaao ||	Whatever I do, while engaged in greed, only serves to bind me down. ||1||Pause||	(ਫਿਰ, ਇਹ) ਲਾਲਚ ਵਿਚ ਫਸ ਕੇ ਜੇਹੜਾ ਜੇਹੜਾ ਕੰਮ ਕਰਦਾ ਹੈ, ਉਹਨਾਂ ਦੀ ਰਾਹੀਂ ਆਪਣੇ ਆਪ ਨੂੰ (ਮਾਇਆ ਦੇ ਮੋਹ ਵਿਚ ਹੋਰ) ਫਸਾ ਲੈਂਦਾ ਹੈ ॥੧॥ ਰਹਾਉ ॥

30332	702	ਸਮਝ ਨ ਪਰੀ ਬਿਖੈ ਰਸ ਰਚਿਓ ਜਸੁ ਹਰਿ ਕੋ ਬਿਸਰਾਇਓ॥		Samajh N Paree Bikhai Ras Rachiou Jas Har Ko Bisaraaeiou ||	I have no understanding at all; I am engrossed in the pleasures of corruption, and I have forgotten the Praises of the Lord.	(ਹੇ ਭਾਈ! ਸਹੀ ਜੀਵਨ-ਰਾਹ ਤੋਂ ਖੁੰਝੇ ਹੋਏ ਮਨੁੱਖ ਨੂੰ) ਆਤਮਕ ਜੀਵਨ ਦੀ ਸਮਝ ਨਹੀਂ ਪੈਂਦੀ, ਵਿਸ਼ਿਆਂ ਦੇ ਸੁਆਦ ਵਿਚ ਮਸਤ ਰਹਿੰਦਾ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਭੁਲਾਈ ਰੱਖਦਾ ਹੈ।
30333	702	ਸੰਗਿ ਸੁਆਮੀ ਸੋ ਜਾਨਿਓ ਨਾਹਿਨ ਬਨੁ ਖੋਜਨ ਕਉ ਧਾਇਓ॥੧॥		Sang Suaamee So Jaaniou Naahin Ban Khojan Ko Dhhaaeiou ||1||	The Lord and Master is with me, but I do not know Him. Instead, I run into the forest, looking for Him. ||1||	ਪਰਮਾਤਮਾ (ਤਾਂ ਇਸ ਦੇ) ਅੰਗ-ਸੰਗ (ਵੱਸਦਾ ਹੈ) ਉਸ ਨਾਲ ਡੂੰਘੀ ਸਾਂਝ ਨਹੀਂ ਪਾਂਦਾ, ਜੰਗਲ ਭਾਲਣ ਵਾਸਤੇ ਦੌੜ ਪੈਂਦਾ ਹੈ ॥੧॥
30334	703	ਰਤਨੁ ਰਾਮੁ ਘਟ ਹੀ ਕੇ ਭੀਤਰਿ ਤਾ ਕੋ ਗਿਆਨੁ ਨ ਪਾਇਓ॥		Rathan Raam Ghatt Hee Kae Bheethar Thaa Ko Giaan N Paaeiou ||	The Jewel of the Lord is deep within my heart, but I do not have any knowledge of Him.	ਹੇ ਭਾਈ! ਰਤਨ (ਵਰਗਾ ਕੀਮਤੀ) ਹਰਿ-ਨਾਮ ਹਿਰਦੇ ਦੇ ਅੰਦਰ ਹੀ ਵੱਸਦਾ ਹੈ (ਪਰ ਭੁੱਲਾ ਹੋਇਆ ਮਨੁੱਖ) ਉਸ ਨਾਲ ਸਾਂਝ ਨਹੀਂ ਬਣਾਂਦਾ।
30335	703	ਜਨ ਨਾਨਕ ਭਗਵੰਤ ਭਜਨ ਬਿਨੁ ਬਿਰਥਾ ਜਨਮੁ ਗਵਾਇਓ॥੨॥੧॥		Jan Naanak Bhagavanth Bhajan Bin Birathhaa Janam Gavaaeiou ||2||1||	O servant Nanak, without vibrating, meditating on the Lord God, human life is uselessly wasted and lost. ||2||1||	ਹੇ ਦਾਸ ਨਾਨਕ! (ਆਖ-) ਪਰਮਾਤਮਾ ਦੇ ਭਜਨ ਤੋਂ ਬਿਨਾ ਮਨੁੱਖ ਆਪਣਾ ਜੀਵਨ ਵਿਅਰਥ ਗਵਾ ਦੇਂਦਾ ਹੈ ॥੨॥੧॥
30336	703	ਜੈਤਸਰੀ ਮਹਲਾ ੯॥		Jaithasaree Mehalaa 9 ||	Jaitsree, Ninth Mehl:	

30337	703	ਹਰਿ ਜੂ ਰਾਖਿ ਲੇਹੁ ਪਤਿ ਮੇਰੀ॥		Har Joo Raakh Laehu Path Maeree ||	O Dear Lord, please, save my honor!	ਹੇ ਪ੍ਰਭੂ ਜੀ! ਮੇਰੀ ਇੱਜ਼ਤ ਰੱਖ ਲਵੋ।
30338	703	ਜਮ ਕੋ ਤ੍ਰਾਸ ਭਇਓ ਉਰ ਅੰਤਰਿ ਸਰਨਿ ਗਹੀ ਕਿਰਪਾਨਿਧਿ ਤੇਰੀ॥੧॥ਰਹਾਉ॥		Jam Ko Thraas Bhaeiou Our Anthar Saran Gehee Kirapaa Nidhh Thaeree ||1|| Rehaao ||	The fear of death has entered my heart; I cling to the Protection of Your Sanctuary, O Lord, ocean of mercy. ||1||Pause||	ਮੇਰੇ ਹਿਰਦੇ ਵਿਚ ਮੌਤ ਦਾ ਡਰ ਵੱਸ ਰਿਹਾ ਹੈ, (ਇਸ ਤੋਂ ਬਚਣ ਲਈ) ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਮੈਂ ਤੇਰਾ ਆਸਰਾ ਲਿਆ ਹੈ ॥੧॥ ਰਹਾਉ ॥
30339	703	ਮਹਾ ਪਤਿਤ ਮੁਗਧ ਲੋਭੀ ਫੁਨਿ ਕਰਤ ਪਾਪ ਅਬ ਹਾਰਾ॥		Mehaa Pathith Mugadhh Lobhee Fun Karath Paap Ab Haaraa ||	I am a great sinner, foolish and greedy; but now, at last, I have grown weary of committing sins.	ਹੇ ਪ੍ਰਭੂ! ਮੈਂ ਵੱਡਾ ਵਿਕਾਰੀ ਹਾਂ, ਮੂਰਖ ਹਾਂ, ਲਾਲਚੀ ਭੀ ਹਾਂ, ਪਾਪ ਕਰਦਾ ਕਰਦਾ ਹੁਣ ਮੈਂ ਥੱਕ ਗਿਆ ਹਾਂ।
30340	703	ਭੈ ਮਰਬੇ ਕੋ ਬਿਸਰਤ ਨਾਹਿਨ ਤਿਹ ਚਿੰਤਾ ਤਨੁ ਜਾਰਾ॥੧॥		Bhai Marabae Ko Bisarath Naahin Thih Chinthaa Than Jaaraa ||1||	I cannot forget the fear of dying; this anxiety is consuming my body. ||1||	ਮੈਨੂੰ ਮਰਨ ਦਾ ਡਰ (ਕਿਸੇ ਵੇਲੇ) ਭੁੱਲਦਾ ਨਹੀਂ, ਇਸ (ਮਰਨ) ਦੀ ਚਿੰਤਾ ਨੇ ਮੇਰਾ ਸਰੀਰ ਸਾੜ ਦਿੱਤਾ ਹੈ ॥੧॥

30341	703	ਕੀਏ ਉਪਾਵ ਮੁਕਤਿ ਕੇ ਕਾਰਨਿ ਦਹ ਦਿਸਿ ਕਉ ਉਠਿ ਧਾਇਆ॥		Keeeae Oupaav Mukath Kae Kaaran Dheh Dhis Ko Outh Dhhaaeiaa ||	I have been trying to liberate myself, running around in the ten directions.	ਹੇ ਭਾਈ! (ਮੌਤ ਦੇ ਇਸ ਸਹਿਮ ਤੋਂ) ਖ਼ਲਾਸੀ ਹਾਸਲ ਕਰਨ ਲਈ ਮੈਂ ਅਨੇਕਾਂ ਹੀਲੇ ਕੀਤੇ ਹਨ, ਦਸੀਂ ਪਾਸੀਂ ਉਠ ਉਠ ਕੇ ਦੌੜਿਆ ਹਾਂ।
30342	703	ਘਟ ਹੀ ਭੀਤਰਿ ਬਸੈ ਨਿਰੰਜਨੁ ਤਾ ਕੋ ਮਰਮੁ ਨ ਪਾਇਆ॥੨॥		Ghatt Hee Bheethar Basai Niranjan Thaa Ko Maram N Paaeiaa ||2||	The pure, immaculate Lord abides deep within my heart, but I do not understand the secret of His mystery. ||2||	(ਮਾਇਆ ਦੇ ਮੋਹ ਤੋਂ) ਨਿਰਲੇਪ ਪਰਮਾਤਮਾ ਹਿਰਦੇ ਵਿਚ ਹੀ ਵੱਸਦਾ ਹੈ, ਉਸ ਦਾ ਭੇਤ ਮੈਂ ਨਹੀਂ ਸਮਝਿਆ ॥੨॥
30343	703	ਨਾਹਿਨ ਗੁਨੁ ਨਾਹਿਨ ਕਛੁ ਜਪੁ ਤਪੁ ਕਉਨੁ ਕਰਮੁ ਅਬ ਕੀਜੈ॥		Naahin Gun Naahin Kashh Jap Thap Koun Karam Ab Keejai ||	I have no merit, and I know nothing about meditation or austerities; what should I do now?	(ਪਰਮਾਤਮਾ ਦੀ ਸਰਨ ਤੋਂ ਬਿਨਾ ਹੋਰ) ਕੋਈ ਗੁਣ ਨਹੀਂ ਕੋਈ ਜਪ ਤਪ ਨਹੀਂ (ਜੋ ਮੌਤ ਦੇ ਸਹਿਮ ਤੋਂ ਬਚਾ ਲਏ, ਫਿਰ) ਹੁਣ ਕੇਹੜਾ ਕੰਮ ਕੀਤਾ ਜਾਏ?
30344	703	ਨਾਨਕ ਹਾਰਿ ਪਰਿਓ ਸਰਨਾਗਤਿ ਅਭੈ ਦਾਨੁ ਪ੍ਰਭ ਦੀਜੈ॥੩॥੨॥	ਸਰ-ਨਾਗਤਿ	Naanak Haar Pariou Saranaagath Abhai Dhaan Prabh Dheejai ||3||2||	O Nanak, I am exhausted; I seek the shelter of Your Sanctuary; O God, please bless me with the gift of fearlessness. ||3||2||	ਹੇ ਨਾਨਕ! (ਆਖ-) ਹੇ ਪ੍ਰਭੂ! (ਹੋਰ ਸਾਧਨਾਂ ਵਲੋਂ) ਹਾਰ ਕੇ ਮੈਂ ਤੇਰੀ ਸਰਨ ਆ ਪਿਆ ਹਾਂ, ਤੂੰ ਮੈਨੂੰ ਮੌਤ ਦੇ ਡਰ ਤੋਂ ਖ਼ਲਾਸੀ ਦਾ ਦਾਨ ਦੇਹ ॥੩॥੨॥

30345	703	ਜੈਤਸਰੀ ਮਹਲਾ ੯॥		Jaithasaree Mehalaa 9 ||	Jaitsree, Ninth Mehl:	
30346	703	ਮਨ ਰੇ ਸਾਚਾ ਗਹੋ ਬਿਚਾਰਾ॥		Man Rae Saachaa Geho Bichaaraa ||	O mind, embrace true contemplation.	ਹੇ ਮੇਰੇ ਮਨ! ਇਹ ਅਟੱਲ ਵਿਚਾਰ (ਆਪਣੇ ਅੰਦਰ) ਸਾਂਭ ਕੇ ਰੱਖ-
30347	703	ਰਾਮ ਨਾਮ ਬਿਨੁ ਮਿਥਿਆ ਮਾਨੋ ਸਗਰੋ ਇਹੁ ਸੰਸਾਰਾ॥੧॥ਰਹਾਉ॥		Raam Naam Bin Mithhiaa Maano Sagaro Eihu Sansaaraa ||1|| Rehaao ||	Without the Lord's Name, know that this whole world is false. ||1||Pause||	ਪਰਮਾਤਮਾ ਦੇ ਨਾਮ ਤੋਂ ਛੁਟ ਬਾਕੀ ਇਸ ਸਾਰੇ ਸੰਸਾਰ ਨੂੰ ਨਾਸਵੰਤ ਜਾਣ ॥੧॥ ਰਹਾਉ ॥
30348	703	ਜਾ ਕਉ ਜੋਗੀ ਖੋਜਤ ਹਾਰੇ ਪਾਇਓ ਨਾਹਿ ਤਿਹ ਪਾਰਾ॥		Jaa Ko Jogee Khojath Haarae Paaeiou Naahi Thih Paaraa ||	The Yogis are tired of searching for Him, but they have not found His limit.	ਹੇ ਮੇਰੇ ਮਨ! ਜੋਗੀ ਲੋਕ ਜਿਸ ਪਰਮਾਤਮਾ ਨੂੰ ਲੱਭਦੇ ਲੱਭਦੇ ਥੱਕ ਗਏ, ਤੇ, ਉਸ ਦੇ ਸਰੂਪ ਦਾ ਅੰਤ ਨਾਹ ਲੱਭ ਸਕੇ,
30349	703	ਸੋ ਸੁਆਮੀ ਤੁਮ ਨਿਕਟਿ ਪਛਾਨੋ ਰੂਪ ਰੇਖ ਤੇ ਨਿਆਰਾ॥੧॥		So Suaamee Thum Nikatt Pashhaano Roop Raekh Thae Niaaraa ||1||	You must understand that the Lord and Master is near at hand, but He has no form or feature. ||1||	ਉਸ ਮਾਲਕ ਨੂੰ ਤੂੰ ਆਪਣੇ ਅੰਗ-ਸੰਗ ਵੱਸਦਾ ਜਾਣ, ਪਰ ਉਸ ਦਾ ਕੋਈ ਰੂਪ ਉਸ ਦਾ ਕੋਈ ਚਿਹਨ ਦੱਸਿਆ ਨਹੀਂ ਜਾ ਸਕਦਾ ॥੧॥

30350	703	ਪਾਵਨ ਨਾਮੁ ਜਗਤ ਮੈ ਹਰਿ ਕੋ ਕਬਹੂ ਨਾਹਿ ਸੰਭਾਰਾ॥		Paavan Naam Jagath Mai Har Ko Kabehoo Naahi Sanbhaaraa ||	The Naam, the Name of the Lord is purifying in the world, and yet you never remember it.	ਹੇ ਮੇਰੇ ਮਨ! ਜਗਤ ਵਿਚ ਪਰਮਾਤਮਾ ਦਾ ਨਾਮ (ਹੀ) ਪਵਿਤ੍ਰ ਕਰਨ ਵਾਲਾ ਹੈ, ਤੂੰ ਉਸ ਨਾਮ ਨੂੰ (ਆਪਣੇ ਅੰਦਰ) ਕਦੇ ਸਾਂਭ ਕੇ ਨਹੀਂ ਰੱਖਿਆ।
30351	703	ਨਾਨਕ ਸਰਨਿ ਪਰਿਓ ਜਗ ਬੰਦਨ ਰਾਖਹੁ ਬਿਰਦੁ ਤੁਹਾਰਾ॥੨॥੩॥	ਜਗ ਦੇ (ਬੰਦਨ) ਨਮਸਕਾਰ ਯੋਗ	Naanak Saran Pariou Jag Bandhan Raakhahu Biradh Thuhaaraa ||2||3||	Nanak has entered the Sanctuary of the One, before whom the whole world bows down; please, preserve and protect me, by Your innate nature. ||2||3||	ਹੇ ਨਾਨਕ! (ਆਖ-) ਹੇ ਸਾਰੇ ਜਗਤ ਦੇ ਨਮਸਕਾਰ-ਜੋਗ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ, ਮੇਰੀ ਰੱਖਿਆ ਕਰ। ਇਹ ਤੇਰਾ ਮੁੱਢ-ਕਦੀਮਾਂ ਦਾ ਸੁਭਾਉ ਹੈ (ਕਿ ਤੂੰ ਸਰਨ ਆਏ ਦੀ ਰੱਖਿਆ ਕਰਦਾ ਹੈਂ) ॥੨॥੩॥
30352	703	ਜੈਤਸਰੀ ਮਹਲਾ ੫ ਛੰਤ ਘਰੁ ੧		Jaithasaree Mehalaa 5 Shhanth Ghar 1	Jaitsree, Fifth Mehl, Chhant, First House:	ਰਾਗ ਜੈਤਸਰੀ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ' (ਛੰਦ)।
30353	703	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30354	703	ਸਲੋਕ॥		Salok ||	Shalok:	
30355	703	ਦਰਸਨ ਪਿਆਸੀ ਦਿਨਸੁ ਰਾਤਿ ਚਿਤਵਉ ਅਨਦਿਨੁ ਨੀਤ॥		Dharasan Piaasee Dhinas Raath Chithavo Anadhin Neeth ||	I am thirsty for the Blessed Vision of the Lord's Darshan, day and night; I yearn for Him constantly, night and day.	ਮੈਨੂੰ ਮਿੱਤਰ ਪ੍ਰਭੂ ਦੇ ਦਰਸਨ ਦੀ ਤਾਂਘ ਲੱਗੀ ਹੋਈ ਹੈ, ਮੈਂ ਦਿਨ ਰਾਤ ਹਰ ਵੇਲੇ ਸਦਾ ਹੀ, (ਉਸ ਦਾ ਦਰਸਨ ਹੀ) ਚਿਤਾਰਦੀ ਰਹਿੰਦੀ ਹਾਂ।

30356	703	ਖੋਲ੍ਹਿ ਕਪਟ ਗੁਰਿ ਮੇਲੀਆ ਨਾਨਕ ਹਰਿ ਸੰਗਿ ਮੀਤ॥੧॥		Kholih Kapatt Gur Maeleeaa Naanak Har Sang Meeth ||1||	Opening the door, O Nanak, the Guru has led me to meet with the Lord, my Friend. ||1||	ਹੇ ਨਾਨਕ! (ਆਖ-) ਗੁਰੂ ਨੇ (ਮੇਰੇ) ਮਾਇਆ ਦੇ ਮੋਹ ਦੇ ਛੰਦ ਕੱਟ ਕੇ ਮੈਨੂੰ ਮਿੱਤਰ ਹਰੀ ਨਾਲ ਮਿਲਾ ਦਿੱਤਾ ਹੈ ॥੧॥
30357	703	ਛੰਤ॥		Shhanth ||	Chhant:	
30358	703	ਸੁਣਿ ਯਾਰ ਹਮਾਰੇ ਸਜਣ ਇਕ ਕਰਉ ਬੇਨੰਤੀਆ॥		Sun Yaar Hamaarae Sajan Eik Karo Baenantheeaa ||	Listen, O my intimate friend - I have just one prayer to make.	ਛੰਤ! ਹੇ ਮੇਰੇ ਸਤਸੰਗੀ ਮਿੱਤਰ! ਹੇ ਮੇਰੇ ਸੱਜਣ! ਮੈਂ (ਤੇਰੇ ਅੱਗੇ) ਇਕ ਅਰਜ਼ੋਈ ਕਰਦੀ ਹਾਂ!
30359	703	ਤਿਸੁ ਮੋਹਨ ਲਾਲ ਪਿਆਰੇ ਹਉ ਫਿਰਉ ਖੋਜੰਤੀਆ॥		This Mohan Laal Piaarae Ho Firo Khojantheeaa ||	I have been wandering around, searching for that enticing, sweet Beloved.	ਮੈਂ ਉਸ ਮਨ ਨੂੰ ਮੋਹ ਲੈਣ ਵਾਲੇ ਪਿਆਰੇ ਲਾਲ ਨੂੰ ਲੱਭਦੀ ਫਿਰਦੀ ਹਾਂ।
30360	703	ਤਿਸੁ ਦਸਿ ਪਿਆਰੇ ਸਿਰੁ ਧਰੀ ਉਤਾਰੇ ਇਕ ਭੋਰੀ ਦਰਸਨੁ ਦੀਜੈ॥	ਦੱਸਿ	This Dhas Piaarae Sir Dhharee Outhaarae Eik Bhoree Dharasan Dheejai ||	Whoever leads me to my Beloved - I would cut off my head and offer it to him, even if I were granted the Blessed Vision of His Darshan for just an instant.	(ਹੇ ਮਿੱਤਰ!) ਮੈਨੂੰ ਉਸ ਪਿਆਰੇ ਦੀ ਦੱਸ ਪਾ, ਮੈਂ (ਉਸ ਦੇ ਅੱਗੇ ਆਪਣਾ) ਸਿਰ ਲਾਹ ਕੇ ਰੱਖ ਦਿਆਂਗੀ (ਤੇ ਆਖਾਂਗੀ-ਹੇ ਪਿਆਰੇ!) ਰਤਾ ਭਰ ਸਮੇ ਲਈ ਹੀ ਮੈਨੂੰ ਦਰਸਨ ਦੇਹ।

30361	703	ਨੈਨ ਹਮਾਰੇ ਪ੍ਰਿਅ ਰੰਗ ਰੰਗਾਰੇ ਇਕੁ ਤਿਲੁ ਭੀ ਨਾ ਧੀਰੀਜੈ॥	ਧੀ-ਰੀਜੈ	Nain Hamaarae Pria Rang Rangaarae Eik Thil Bhee Naa Dhheereejai ||	My eyes are drenched with the Love of my Beloved; without Him, I do not have even a moment's peace.	(ਹੇ ਗੁਰੂ!) ਮੇਰੀਆਂ ਅੱਖਾਂ ਪਿਆਰੇ ਦੇ ਪ੍ਰੇਮ-ਰੰਗ ਨਾਲ ਰੰਗੀਆਂ ਗਈਆਂ ਹਨ, (ਉਸ ਦੇ ਦਰਸਨ ਤੋਂ ਬਿਨਾ ਮੈਨੂੰ) ਰਤਾ ਜਿਤਨੇ ਸਮੇ ਲਈ ਭੀ ਚੈਨ ਨਹੀਂ ਆਉਂਦਾ।
30362	703	ਪ੍ਰਭ ਸਿਉ ਮਨੁ ਲੀਨਾ ਜਿਉ ਜਲ ਮੀਨਾ ਚਾਤ੍ਰਿਕ ਜਿਵੈ ਤਿਸੰਤੀਆ॥	(ਤਿਸੰਤੀਆ) ਤਿਹਾਇਆ	Prabh Sio Man Leenaa Jio Jal Meenaa Chaathrik Jivai Thisantheeaa ||	My mind is attached to the Lord, like the fish to the water, and the rainbird, thirsty for the raindrops.	ਮੇਰਾ ਮਨ ਪ੍ਰਭੂ ਨਾਲ ਮਸਤ ਹੈ ਜਿਵੇਂ ਪਾਣੀ ਦੀ ਮੱਛੀ (ਪਾਣੀ ਵਿਚ ਮਸਤ ਰਹਿੰਦੀ ਹੈ), ਜਿਵੇਂ ਪਪੀਹੇ ਨੂੰ (ਵਰਖਾ ਦੀ ਬੂੰਦ ਦੀ) ਪਿਆਸ ਲੱਗੀ ਰਹਿੰਦੀ ਹੈ।
30363	703	ਜਨ ਨਾਨਕ ਗੁਰੁ ਪੂਰਾ ਪਾਇਆ ਸਗਲੀ ਤਿਖਾ ਬੁਝੰਤੀਆ॥੧॥	ਤਿਖਾ ਬੁਝੰਤੀਆ ਪੋਲੇ	Jan Naanak Gur Pooraa Paaeiaa Sagalee Thikhaa Bujhantheeaa ||1||	Servant Nanak has found the Perfect Guru; his thirst is totally quenched. ||1||	ਹੇ ਦਾਸ ਨਾਨਕ! (ਆਖ-ਜਿਸ ਵਡ-ਭਾਗੀ ਨੂੰ) ਪੂਰਾ ਗੁਰੂ ਮਿਲ ਪੈਂਦਾ ਹੈ (ਉਸ ਦੀ ਦਰਸਨ ਦੀ) ਸਾਰੀ ਤ੍ਰੇਹ ਬੁੱਝ ਜਾਂਦੀ ਹੈ ॥੧॥
30364	703	ਯਾਰ ਵੇ ਪ੍ਰਿਅ ਹਭੇ ਸਖੀਆ ਮੂ ਕਹੀ ਨ ਜੇਹੀਆ॥	(ਹਭੇ) ਸਾਰੀਆਂ। (ਪ੍ਰਿਅ) ਪਿਆਰੀਆਂ। (ਮੂ) ਦਾਸਨ ਦਾਸੀ। (ਕਹੀ) ਕਿਸੇ। (ਜੇਹੀਆ) ਜੈਸੀ ਭੀ ਨਹੀਂ। ਹੱਭੇ। ਸਖੀਆਂ	Yaar Vae Pria Habhae Sakheeaa Moo Kehee N Jaeheeaa ||	O intimate friend, my Beloved has all these loving companions; I cannot compare to any of them.	

30365	703	ਯਾਰ ਵੇ ਹਿਕ ਡੂੰ ਹਿਕਿ ਚਾੜੈ ਹਉ ਕਿਸੁ ਚਿਤੇਹੀਆ॥	(ਹਿੱਕ)ਇੱਕ (ਡੂੰ)ਤੋਂ ਇੱਕ (ਚਾੜੈ) ਚੜ੍ਹਦੀਅਵਸਥਾ ਵਾਲੇ। ਦਾਸਨਦਾਸੀ ਕਿਸੁ ਦੇ (ਚਿਤੇਹੀਆ)ਚੇਤੇ ਹੈ	Yaar Vae Hik Ddoon Hik Chaarrai Ho Kis Chithaeheeaa ||	O intimate friend, each of them is more beautiful than the others; who could consider me?	ਇਹ ਇਕ ਤੋਂ ਇਕ ਸੋਹਣੀਆਂ (ਸੋਹਣੇ ਆਤਮਕ ਜੀਵਨ ਵਾਲੀਆਂ) ਹਨ, ਮੈਂ ਕਿਸ ਗਿਣਤੀ ਵਿਚ ਹਾਂ?
30366	703	ਹਿਕ ਦੂੰ ਹਿਕਿ ਚਾੜੇ ਅਨਿਕ ਪਿਆਰੇ ਨਿਤ ਕਰਦੇ ਭੋਗ ਬਿਲਾਸਾ॥	ਚਾੜ੍ਹੇ	Hik Dhoon Hik Chaarrae Anik Piaarae Nith Karadhae Bhog Bilaasaa ||	Each of them is more beautiful than the others; countless are His lovers, constantly enjoying bliss with Him.	ਪ੍ਰਭੂ ਨਾਲ ਅਨੇਕਾਂ ਹੀ ਪਿਆਰ ਕਰਨ ਵਾਲੇ ਹਨ, ਇਕ ਦੂਜੇ ਤੋਂ ਸੋਹਣੇ ਜੀਵਨ ਵਾਲੇ ਹਨ, ਸਦਾ ਪ੍ਰਭੂ ਨਾਲ ਆਤਮਕ ਮਿਲਾਪ ਦਾ ਆਨੰਦ ਮਾਣਦੇ ਹਨ।
30367	703	ਤਿਨਾ ਦੇਖਿ ਮਨਿ ਚਾਉ ਉਠੰਦਾ ਹਉ ਕਦਿ ਪਾਈ ਗੁਣਤਾਸਾ॥		Thinaa Dhaekh Man Chaao Outhandhaa Ho Kadh Paaee Gunathaasaa ||	Beholding them, desire wells up in my mind; when will I obtain the Lord, the treasure of virtue?	ਇਹਨਾਂ ਨੂੰ ਵੇਖ ਕੇ ਮੇਰੇ ਮਨ ਵਿਚ (ਭੀ) ਚਾਉ ਪੈਦਾ ਹੁੰਦਾ ਹੈ ਕਿ ਮੈਂ ਭੀ ਕਦੇ ਉਸ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਨੂੰ ਮਿਲ ਸਕਾਂ।
30368	703	ਜਿਨੀ ਮੈਡਾ ਲਾਲੁ ਰੀਝਾਇਆ ਹਉ ਤਿਸੁ ਆਗੈ ਮਨੁ ਡੇਂਹੀਆ॥		Jinee Maiddaa Laal Reejhaaeiaa Ho This Aagai Man Ddaeneheeaa ||	I dedicate my mind to those who please and attract my Beloved.	(ਹੇ ਗੁਰੂ!) ਜਿਸ ਨੇ (ਹੀ) ਮੇਰੇ ਪਿਆਰੇ ਹਰੀ ਨੂੰ ਪ੍ਰਸੰਨ ਕਰ ਲਿਆ ਹੈ, ਮੈਂ ਉਸ ਅੱਗੇ ਆਪਣਾ ਮਨ ਭੇਟਾ ਕਰਨ ਨੂੰ ਤਿਆਰ ਹਾਂ।

30369	703	ਨਾਨਕੁ ਕਹੈ ਸੁਣਿ ਬਿਨਉ ਸੁਹਾਗਣਿ ਮੂ ਦਸਿ ਡਿਖਾ ਪਿਰੁ ਕੇਹੀਆ॥੨॥	(ਡਿਖਾ)ਦਿਖਾਉ ਜੀ। ਦੱਸਿ, ਡਿਖਾ:ਪੋਲਾ ਬੋਲੋ	Naanak Kehai Sun Bino Suhaagan Moo Dhas Ddikhaa Pir Kaeheeaa ||2||	Says Nanak, hear my prayer, O happy soul-brides; tell me, what does my Husband Lord look like? ||2||	ਨਾਨਕ ਆਖਦਾ ਹੈ-ਹੇ ਸੋਹਾਗ ਵਾਲੀਏ! ਮੇਰੀ ਬੇਨਤੀ ਸੁਣ। ਮੈਨੂੰ ਦੱਸ, ਮੈਂ ਵੇਖਾਂ, ਪ੍ਰਭੂ-ਪਤੀ ਕਿਹੋ ਜਿਹਾ ਹੈ ॥੨॥
30370	703	ਯਾਰ ਵੇ ਪਿਰੁ ਆਪਣ ਭਾਣਾ ਕਿਛੁ ਨੀ ਸੀ ਛੰਦਾ॥	(ਨੀ) ਨਹੀਂ। (ਸੀ)ਹੈ। (ਛੰਦਾ) ਮੁਹਤਾਜਗੀ ਖ਼ੁਸ਼ਾਮਦ	Yaar Vae Pir Aapan Bhaanaa Kishh Neesee Shhandhaa ||	O intimate friend, my Husband Lord does whatever He pleases; He is not dependent on anyone.	ਹੇ ਸਤਸੰਗੀ ਸੱਜਣ! (ਜਿਸ ਜੀਵ-ਇਸਤ੍ਰੀ ਨੂੰ) ਆਪਣਾ ਪ੍ਰਭੂ-ਪਤੀ ਪਿਆਰਾ ਲੱਗਣ ਲੱਗ ਪੈਂਦਾ ਹੈ (ਉਸ ਨੂੰ ਕਿਸੇ ਦੀ) ਕੋਈ ਮੁਥਾਜੀ ਨਹੀਂ ਰਹਿ ਜਾਂਦੀ।
30371	704	ਯਾਰ ਵੇ ਤੈ ਰਾਵਿਆ ਲਾਲਨੁ ਮੂ ਦਸਿ ਦਸੰਦਾ॥	(ਲਾਲਨੁ) ਪਿਆਰੇ। ਦੱਸਿ	Yaar Vae Thai Raaviaa Laalan Moo Dhas Dhasandhaa ||	O intimate friend, you have enjoyed your Beloved; please, tell me about Him.	ਹੇ ਸਤਸੰਗੀ ਸੱਜਣ! ਤੂੰ ਸੋਹਣੇ ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ ਹੈ, ਮੈਂ ਪੁੱਛਦਾ ਹਾਂ, ਮੈਨੂੰ ਭੀ ਉਸ ਦੀ ਦੱਸ ਪਾ।
30372	704	ਲਾਲਨੁ ਤੈ ਪਾਇਆ ਆਪੁ ਗਵਾਇਆ ਜੈ ਧਨ ਭਾਗ ਮਥਾਣੇ॥		Laalan Thai Paaeiaa Aap Gavaaeiaa Jai Dhhan Bhaag Mathhaanae ||	They alone find their Beloved, who eradicate self-conceit; such is the good destiny written on their foreheads.	ਤੂੰ ਸੋਹਣੇ ਲਾਲ ਨੂੰ ਲੱਭ ਲਿਆ ਹੈਂ, ਤੇ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ ਲਿਆ ਹੈ। ਜਿਸ ਜੀਵ-ਇਸਤ੍ਰੀ ਦੇ ਮੱਥੇ ਦੇ ਭਾਗ ਜਾਗਦੇ ਹਨ (ਉਸ ਨੂੰ ਮਿਲਾਪ ਹੁੰਦਾ ਹੈ)।

30373	704	ਬਾਂਹ ਪਕੜਿ ਠਾਕੁਰਿ ਹਉ ਘਿਧੀ ਗੁਣ ਅਵਗਣ ਨ ਪਛਾਣੇ॥	ਅਪਨੇ ਚ (ਘਿੱਧੀ)ਮਿਲਾ ਲਈ	Baanh Pakarr Thaakur Ho Ghidhhee Gun Avagan N Pashhaanae ||	Taking me by the arm, the Lord and Master has made me His own; He has not considered my merits or demerits.	(ਹੇ ਸਖੀ!) ਮਾਲਕ-ਪ੍ਰਭੂ ਨੇ (ਮੇਰੀ ਭੀ) ਬਾਂਹ ਫੜ ਕੇ ਮੈਨੂੰ ਆਪਣੀ ਬਣਾ ਲਿਆ ਹੈ, ਮੇਰਾ ਕੋਈ ਗੁਣ ਔਗੁਣ ਉਸ ਨੇ ਨਹੀਂ ਪਰਖਿਆ।
30374	704	ਗੁਣ ਹਾਰੁ ਤੈ ਪਾਇਆ ਰੰਗੁ ਲਾਲੁ ਬਣਾਇਆ ਤਿਸੁ ਹਭੋ ਕਿਛੁ ਸੁਹੰਦਾ॥		Gun Haar Thai Paaeiaa Rang Laal Banaaeiaa This Habho Kishh Suhandhaa ||	She, whom You have adorned with the necklace of virtue, and dyed in the deep crimson color of His Love - everything looks beautiful on her.	ਹੇ ਪ੍ਰਭੂ! ਤੈਂ ਜਿਸ ਜੀਵ ਇਸਤ੍ਰੀ ਨੂੰ ਗੁਣਾਂ ਦਾ ਹਾਰ ਨੂੰ ਪਹਿਨਾਇਆ ਹੈ, ਨਾਮ ਦੇ ਰੰਗ ਵਿੱਚ ਰੰਗਿਆ, ਉਸ ਦਾ ਸਾਰਾ ਜੀਵਨ ਹੀ ਸ਼ੋਭਨੀਕ ਹੋ ਜਾਂਦਾ ਹੈ।
30375	704	ਜਨ ਨਾਨਕ ਧੰਨਿ ਸੁਹਾਗਣਿ ਸਾਈ ਜਿਸੁ ਸੰਗਿ ਭਤਾਰੁ ਵਸੰਦਾ॥੩॥		Jan Naanak Dhann Suhaagan Saaee Jis Sang Bhathaar Vasandhaa ||3||	O servant Nanak, blessed is that happy soul-bride, who dwells with her Husband Lord. ||3||	ਹੇ ਦਾਸ ਨਾਨਕ! (ਆਖ-) ਉਹੀ ਜੀਵ-ਇਸਤ੍ਰੀ ਭਾਗਾਂ ਵਾਲੀ ਹੈ, ਜਿਸ ਦੇ ਨਾਲ (ਜਿਸ ਦੇ ਹਿਰਦੇ ਵਿਚ) ਖਸਮ-ਪ੍ਰਭੂ ਵੱਸਦਾ ਹੈ ॥੩॥
30376	704	ਯਾਰ ਵੇ ਨਿਤ ਸੁਖ ਸੁਖੇਦੀ ਸਾ ਮੈ ਪਾਈ॥	ਜਿਨ੍ਹਾਂ ਨੂੰ ਮਿਲਣ ਦੀ ਸੁੱਖ (ਸੁੱਖੇਂਦੀ)ਸੁੱਖਦੀ ਸਾਂ	Yaar Vae Nith Sukh Sukhaedhee Saa Mai Paaee ||	O intimate friend, I have found that peace which I sought.	ਹੇ ਸਤਸੰਗੀ ਸੱਜਣ! ਜੇਹੜੀ ਸੁੱਖਣਾ ਮੈਂ ਸਦਾ ਸੁੱਖਦੀ ਰਹਿੰਦੀ ਸਾਂ, ਉਹ (ਸੁੱਖਣਾ) ਮੈਂ ਪਾ ਲਈ ਹੈ (ਮੇਰੀ ਉਹ ਮੁਰਾਦ ਪੂਰੀ ਹੋ ਗਈ ਹੈ)।

30377	704	ਵਰੁ ਲੋੜੀਦਾ ਆਇਆ ਵਜੀ ਵਾਧਾਈ॥		Var Lorreedhaa Aaeiaa Vajee Vaadhhaaee ||	My sought-after Husband Lord has come home, and now, congratulations are pouring in.	ਜਿਸ ਪ੍ਰਭੂ-ਪਤੀ ਨੂੰ ਮੈਂ (ਚਿਰਾਂ ਤੋਂ) ਲੱਭਦੀ ਆ ਰਹੀ ਸਾਂ ਉਹ (ਮੇਰੇ ਹਿਰਦੇ ਵਿਚ) ਆ ਵੱਸਿਆ ਹੈ।
30378	704	ਮਹਾ ਮੰਗਲੁ ਰਹਸੁ ਥੀਆ ਪਿਰੁ ਦਇਆਲੁ ਸਦ ਨਵ ਰੰਗੀਆ॥	(ਰਹਸੁ) ਅਨੰਦ	Mehaa Mangal Rehas Thheeaa Pir Dhaeiaal Sadh Nav Rangeeaa ||	Great joy and happiness welled up, when my Husband Lord, of ever-fresh beauty, showed mercy to me.	ਹੁਣ ਮੇਰੇ ਅੰਦਰ ਆਤਮਕ ਉਤਸ਼ਾਹ ਦੇ ਵਾਜੇ ਵੱਜ ਰਹੇ ਹਨ। ਸਦਾ ਨਵੇਂ ਪ੍ਰੇਮ-ਰੰਗ ਵਾਲਾ ਤੇ ਦਇਆ ਦਾ ਸੋਮਾ ਪ੍ਰਭੂ-ਪਤੀ (ਮੇਰੇ ਅੰਦਰ ਆ ਵੱਸਿਆ ਹੈ, ਹੁਣ ਮੇਰੇ ਅੰਦਰ) ਬੜਾ ਆਨੰਦ ਤੇ ਉਤਸ਼ਾਹ ਬਣ ਰਿਹਾ ਹੈ।
30379	704	ਵਡ ਭਾਗਿ ਪਾਇਆ ਗੁਰਿ ਮਿਲਾਇਆ ਸਾਧ ਕੈ ਸਤਸੰਗੀਆ॥		Vadd Bhaag Paaeiaa Gur Milaaeiaa Saadhh Kai Sathasangeeaa ||	By great good fortune, I have found Him; the Guru has united me with Him, through the Saadh Sangat, the True Congregation of the Holy.	ਹੇ ਸਤਸੰਗੀ ਸੱਜਣ! ਵੱਡੀ ਕਿਸਮਤ ਨਾਲ ਉਹ ਪ੍ਰਭੂ-ਪਤੀ ਮੈਨੂੰ ਲੱਭਾ ਹੈ, ਗੁਰੂ ਨੇ ਮੈਨੂੰ ਸਾਧ ਸੰਗਤਿ ਵਿਚ (ਉਸ ਨਾਲ) ਮਿਲਾ ਦਿੱਤਾ ਹੈ।
30380	704	ਆਸਾ ਮਨਸਾ ਸਗਲ ਪੂਰੀ ਪ੍ਰਿਅ ਅੰਕਿ ਅੰਕੁ ਮਿਲਾਈ॥		Aasaa Manasaa Sagal Pooree Pria Ank Ank Milaaee ||	My hopes and desires have all been fulfilled; my Beloved Husband Lord has hugged me close in His embrace.	(ਗੁਰੂ ਨੇ) ਮੇਰਾ ਆਪਾ ਪਿਆਰੇ ਦੇ ਅੰਕ ਵਿਚ ਮਿਲਾ ਦਿੱਤਾ ਹੈ, ਮੇਰੀ ਹਰੇਕ ਆਸ ਮੁਰਾਦ ਪੂਰੀ ਹੋ ਗਈ ਹੈ।

30381	704	ਬਿਨਵੰਤਿ ਨਾਨਕੁ ਸੁਖ ਸੁਖੇਦੀ ਸਾ ਮੈ ਗੁਰ ਮਿਲਿ ਪਾਈ॥੪॥੧॥	ਬਿਨ-ਵੰਤਿਸੁੱਖ	Binavanth Naanak Sukh Sukhaedhee Saa Mai Gur Mil Paaee ||4||1||	Prays Nanak, I have found that peace which I sought, meeting with the Guru. ||4||1||	ਨਾਨਕ ਬੇਨਤੀ ਕਰਦਾ ਹੈ- ਜੇਹੜੀ ਸੁੱਖਣਾ ਮੈਂ (ਸਦਾ) ਸੁੱਖਦੀ ਰਹਿੰਦੀ ਸਾਂ, ਗੁਰੂ ਨੂੰ ਮਿਲ ਕੇ ਉਹ (ਸੁੱਖਣਾ) ਮੈਂ ਹਾਸਲ ਕਰ ਲਈ ਹੈ ॥੪॥੧॥
30382	704	ਜੈਤਸਰੀ ਮਹਲਾ ੫ ਘਰੁ ੨ ਛੰਤ		Jaithasaree Mehalaa 5 Ghar 2 Shhantha	Jaitsree, Fifth Mehl, Second House, Chhant:	ਰਾਗ ਜੈਤਸਰੀ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ' (ਛੰਦ)।
30383	704	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30384	704	ਸਲੋਕੁ॥		Salok ||	Shalok:	ਸਲੋਕੁ।
30385	704	ਊਚਾ ਅਗਮ ਅਪਾਰ ਪ੍ਰਭੁ ਕਥਨੁ ਨ ਜਾਇ ਅਕਥੁ॥	ਅ-ਕਥੁ:ਪੋਲਾ ਬੋਲੋ	Oochaa Agam Apaar Prabh Kathhan N Jaae Akathh ||	God is lofty, unapproachable and infinite. He is indescribable - He cannot be described.	ਹੇ ਨਾਨਕ! (ਆਖ-) ਹੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ, ਤੂੰ (ਸਰਨ ਆਏ ਦੀ) ਰੱਖਿਆ ਕਰਨ ਦੀ ਤਾਕਤ ਰੱਖਦਾ ਹੈਂ।
30386	704	ਨਾਨਕ ਪ੍ਰਭ ਸਰਣਾਗਤੀ ਰਾਖਨ ਕਉ ਸਮਰਥੁ॥੧॥		Naanak Prabh Saranaagathee Raakhan Ko Samarathh ||1||	Nanak seeks the Sanctuary of God, who is all-powerful to save us. ||1||	ਹੇ ਸਭ ਤੋਂ ਉੱਚੇ! ਹੇ ਅਪਹੁੰਚ! ਹੇ ਬੇਅੰਤ! ਤੂੰ ਸਭ ਦਾ ਮਾਲਕ ਹੈਂ, ਤੇਰਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਬਿਆਨ ਤੋਂ ਪਰੇ ਹੈ ॥੧॥
30387	704	ਛੰਤੁ॥		Shhanth ||	Chhant:	ਛੰਤੁ।

30388	704	ਜਿਉ ਜਾਨਹੁ ਤਿਉ ਰਾਖੁ ਹਰਿ ਪ੍ਰਭ ਤੇਰਿਆ॥		Jio Jaanahu Thio Raakh Har Prabh Thaeriaa ||	Save me, any way You can; O Lord God, I am Yours.	ਹੇ ਹਰੀ! ਹੇ ਪ੍ਰਭੂ! ਮੈਂ ਤੇਰਾ ਹਾਂ, ਜਿਵੇਂ ਜਾਣੋ ਤਿਵੇਂ (ਮਾਇਆ ਦੇ ਮੋਹ ਤੋਂ) ਮੇਰੀ ਰੱਖਿਆ ਕਰ।
30389	704	ਕੇਤੇ ਗਨਉ ਅਸੰਖ ਅਵਗਣ ਮੇਰਿਆ॥		Kaethae Gano Asankh Avagan Maeriaa ||	My demerits are uncountable; how many of them should I count?	ਮੈਂ (ਆਪਣੇ) ਕਿਤਨੇ ਕੁ ਔਗੁਣ ਗਿਣਾਂ? ਮੇਰੇ ਅੰਦਰ ਅਣਗਿਣਤ ਔਗੁਣ ਹਨ।
30390	704	ਅਸੰਖ ਅਵਗਣ ਖਤੇ ਫੇਰੇ ਨਿਤਪ੍ਰਤਿ ਸਦ ਭੂਲੀਐ॥		Asankh Avagan Khathae Faerae Nithaprath Sadh Bhooleeai ||	The sins and crimes I committed are countless; day by day, I continually make mistakes.	ਹੇ ਪ੍ਰਭੂ! ਮੇਰੇ ਅਣਿਗਣਤ ਹੀ ਔਗੁਣ ਹਨ, ਪਾਪਾਂ ਦੇ ਗੇੜਾਂ ਵਿਚ ਫਸਿਆ ਰਹਿੰਦਾ ਹਾਂ, ਨਿੱਤ ਹੀ ਸਦਾ ਹੀ ਉਕਾਈ ਖਾ ਜਾਈਦੀ ਹੈ।
30391	704	ਮੋਹ ਮਗਨ ਬਿਕਰਾਲ ਮਾਇਆ ਤਉ ਪ੍ਰਸਾਦੀ ਘੂਲੀਐ॥	(ਘੂਲੀਐ) ਛੁੱਟੀਏ	Moh Magan Bikaraal Maaeiaa Tho Prasaadhee Ghooleeai ||	I am intoxicated by emotional attachment to Maya, the treacherous one; by Your Grace alone can I be saved.	ਭਿਆਨਕ ਮਾਇਆ ਦੇ ਮੋਹ ਵਿਚ ਮਸਤ ਰਹੀਦਾ ਹੈ, ਤੇਰੀ ਕਿਰਪਾ ਨਾਲ ਹੀ ਬਚ ਸਕੀਦਾ ਹੈ।
30392	704	ਲੂਕ ਕਰਤ ਬਿਕਾਰ ਬਿਖੜੇ ਪ੍ਰਭ ਨੇਰ ਹੂ ਤੇ ਨੇਰਿਆ॥		Look Karath Bikaar Bikharrae Prabh Naer Hoo Thae Naeriaa ||	Secretly, I commit hideous sins of corruption, even though God is the nearest of the near.	ਅਸੀਂ ਜੀਵ ਦੁਖਦਾਈ ਵਿਕਾਰ (ਆਪਣੇ ਵਲੋਂ) ਪਰਦੇ ਵਿਚ ਕਰਦੇ ਹਾਂ, ਪਰ, ਹੇ ਪ੍ਰਭੂ! ਤੂੰ ਸਾਡੇ ਨੇੜੇ ਤੋਂ ਨੇੜੇ (ਸਾਡੇ ਨਾਲ ਹੀ) ਵੱਸਦਾ ਹੈ।

30393	704	ਬਿਨਵੰਤਿ ਨਾਨਕ ਦਇਆ ਧਾਰਹੁ ਕਾਢਿ ਭਵਜਲ ਫੇਰਿਆ॥੧॥		Binavanth Naanak Dhaeiaa Dhhaarahu Kaadt Bhavajal Faeriaa ||1||	Prays Nanak, shower me with Your Mercy, Lord, and lift me up, out of the whirlpool of the terrifying world-ocean. ||1||	ਨਾਨਕ ਬੇਨਤੀ ਕਰਦਾ ਹੈ ਹੇ ਪ੍ਰਭੂ! ਸਾਡੇ ਉਤੇ ਮੇਹਰ ਕਰ, ਸਾਨੂੰ ਜੀਵਾਂ ਨੂੰ ਸੰਸਾਰ-ਸਮੁੰਦਰ ਦੇ (ਵਿਕਾਰਾਂ ਦੇ) ਗੇੜ ਵਿਚੋਂ ਕੱਢ ਲੈ ॥੧॥
30394	704	ਸਲੋਕੁ॥		Salok ||	Shalok:	
30395	704	ਨਿਰਤਿ ਨ ਪਵੈ ਅਸੰਖ ਗੁਣ ਊਚਾ ਪ੍ਰਭ ਕਾ ਨਾਉ॥	(ਨਿਰਤਿ)ਨਿਰਣਾ ਭਾਵਗਿਣਤੀ	Nirath N Pavai Asankh Gun Oochaa Prabh Kaa Naao ||	Countless are His virtues; they cannot be enumerated. God's Name is lofty and exalted.	ਹੇ ਭਾਈ! ਪਰਮਾਤਮਾ ਦੇ ਅਣਗਿਣਤ ਗੁਣਾਂ ਦਾ ਨਿਰਨਾ ਨਹੀਂ ਹੋ ਸਕਦਾ, ਉਸ ਦਾ ਨਾਮਣਾ (ਵਡੱਪਣ) ਸਭ ਤੋਂ ਉੱਚਾ ਹੈ।
30396	704	ਨਾਨਕ ਕੀ ਬੇਨੰਤੀਆ ਮਿਲੈ ਨਿਥਾਵੈ ਥਾਉ॥੨॥		Naanak Kee Baenantheeaa Milai Nithhaavae Thhaao ||2||	This is Nanak's humble prayer, to bless the homeless with a home. ||2||	ਨਾਨਕ ਦੀ (ਉਸੇ ਦੇ ਦਰ ਤੇ ਹੀ) ਅਰਦਾਸ ਹੈ ਕਿ (ਮੈਨੂੰ) ਨਿਆਸਰੇ ਨੂੰ (ਉਸ ਦੇ ਚਰਨਾਂ ਵਿਚ) ਥਾਂ ਮਿਲ ਜਾਏ ॥੨॥
30397	704	ਛੰਤੁ॥		Shhanth ||	Chhant:	ਛੰਤੁ।
30398	704	ਦੂਸਰ ਨਾਹੀ ਠਾਉ ਕਾ ਪਹਿ ਜਾਈਐ॥		Dhoosar Naahee Thaao Kaa Pehi Jaaeeai ||	There is no other place at all - where else should I go?	ਹੇ ਭਾਈ! ਅਸਾਂ ਜੀਵਾਂ ਵਾਸਤੇ ਪਰਮਾਤਮਾ ਤੋਂ ਬਿਨਾ ਕੋਈ ਹੋਰ ਥਾਂ ਨਹੀਂ ਹੈ, (ਪਰਮਾਤਮਾ ਦਾ ਦਰ ਛੱਡ ਕੇ) ਅਸੀਂ ਹੋਰ ਕਿਸ ਦੇ ਪਾਸ ਜਾ ਸਕਦੇ ਹਾਂ?
30399	704	ਆਠ ਪਹਰ ਕਰ ਜੋੜਿ ਸੋ ਪ੍ਰਭੁ ਧਿਆਈਐ॥		Aath Pehar Kar Jorr So Prabh Dhhiaaeeai ||	Twenty-four hours a day, with my palms pressed together, I meditate on God.	ਦੋਵੇਂ ਹੱਥ ਜੋੜ ਕੇ ਅੱਠੇ ਪਹਰ (ਹਰ ਵੇਲੇ) ਪ੍ਰਭੂ ਦਾ ਧਿਆਨ ਧਰਨਾ ਚਾਹੀਦਾ ਹੈ।

30400	704	ਧਿਆਇ ਸੋ ਪ੍ਰਭੁ ਸਦਾ ਅਪੁਨਾ ਮਨਹਿ ਚਿੰਦਿਆ ਪਾਈਐ॥		Dhhiaae So Prabh Sadhaa Apunaa Manehi Chindhiaa Paaeeai ||	Meditating forever on my God, I receive the fruits of my mind's desires.	ਹੇ ਭਾਈ! ਆਪਣੇ ਉਸ ਪ੍ਰਭੂ ਦਾ ਧਿਆਨ ਧਰ ਕੇ (ਉਸ ਦੇ ਦਰ ਤੋਂ) ਮਨ-ਮੰਗੀ ਮੁਰਾਦ ਹਾਸਲ ਕਰ ਲਈਦੀ ਹੈ।
30401	704	ਤਜਿ ਮਾਨ ਮੋਹੁ ਵਿਕਾਰੁ ਦੂਜਾ ਏਕ ਸਿਉ ਲਿਵ ਲਾਈਐ॥		Thaj Maan Mohu Vikaar Dhoojaa Eaek Sio Liv Laaeeai ||	Renouncing pride, attachment, corruption and duality, I lovingly center my attention on the One Lord.	(ਆਪਣੇ ਅੰਦਰੋਂ) ਅਹੰਕਾਰ, ਮੋਹ, ਅਤੇ ਕੋਈ ਹੋਰ ਆਸਰਾ ਭਾਲਣ ਦਾ ਭੈੜ ਤਿਆਗ ਕੇ ਇਕ ਪਰਮਾਤਮਾ ਦੇ ਚਰਨਾਂ ਨਾਲ ਹੀ ਸੁਰਤ ਜੋੜਨੀ ਚਾਹੀਦੀ ਹੈ।
30402	704	ਅਰਪਿ ਮਨੁ ਤਨੁ ਪ੍ਰਭੂ ਆਗੈ ਆਪੁ ਸਗਲ ਮਿਟਾਈਐ॥		Arap Man Than Prabhoo Aagai Aap Sagal Mittaaeeai ||	Dedicate your mind and body to God; eradicate all your self-conceit.	ਹੇ ਭਾਈ! ਪ੍ਰਭੂ ਦੀ ਹਜ਼ੂਰੀ ਵਿਚ ਆਪਣਾ ਮਨ ਆਪਣਾ ਸਰੀਰ ਭੇਟਾ ਕਰ ਕੇ (ਆਪਣੇ ਅੰਦਰੋਂ) ਸਾਰਾ ਆਪਾ-ਭਾਵ ਮਿਟਾ ਦੇਣਾ ਚਾਹੀਦਾ ਹੈ।
30403	704	ਬਿਨਵੰਤਿ ਨਾਨਕੁ ਧਾਰਿ ਕਿਰਪਾ ਸਾਚਿ ਨਾਮਿ ਸਮਾਈਐ॥੨॥		Binavanth Naanak Dhhaar Kirapaa Saach Naam Samaaeeai ||2||	Prays Nanak, shower me with Your mercy, Lord, that I may be absorbed in Your True Name. ||2||	ਨਾਨਕ (ਤਾਂ ਪ੍ਰਭੂ ਦੇ ਦਰ ਤੇ ਹੀ) ਬੇਨਤੀ ਕਰਦਾ ਹੈ (ਤੇ ਆਖਦਾ ਹੈ-ਹੇ ਪ੍ਰਭੂ!) ਮੇਹਰ ਕਰ (ਤੇਰੀ ਮੇਹਰ ਨਾਲ ਹੀ ਤੇਰੇ) ਸਦਾ-ਥਿਰ ਰਹਿਣ ਵਾਲੇ ਨਾਮ ਵਿਚ ਲੀਨ ਹੋ ਸਕੀਦਾ ਹੈ ॥੨॥
30404	704	ਸਲੋਕੁ॥		Salok ||	Shalok:	

30405	704	ਰੇ ਮਨ ਤਾ ਕਉ ਧਿਆਈਐ ਸਭ ਬਿਧਿ ਜਾ ਕੈ ਹਾਥਿ॥		Rae Man Thaa Ko Dhhiaaeeai Sabh Bidhh Jaa Kai Haathh ||	O mind, meditate on the One, who holds everything in His hands.	ਹੇ (ਮੇਰੇ) ਮਨ! ਜਿਸ ਪਰਮਾਤਮਾ ਦੇ ਹੱਥ ਵਿਚ (ਸਾਡੀ) ਹਰੇਕ (ਜੀਵਨ-) ਜੁਗਤਿ ਹੈ, ਉਸ ਦਾ ਨਾਮ ਸਿਮਰਨਾ ਚਾਹੀਦਾ ਹੈ।
30406	704	ਰਾਮ ਨਾਮ ਧਨੁ ਸੰਚੀਐ ਨਾਨਕ ਨਿਬਹੈ ਸਾਥਿ॥੩॥		Raam Naam Dhhan Sancheeai Naanak Nibehai Saathh ||3||	Gather the wealth of the Lord's Name; O Nanak, it shall always be with You. ||3||	ਹੇ ਨਾਨਕ! ਪਰਮਾਤਮਾ ਦਾ ਨਾਮ-ਧਨ ਇਕੱਠਾ ਕਰਨਾ ਚਾਹੀਦਾ ਹੈ, (ਇਹੀ ਧਨ) ਸਾਡੇ ਨਾਲ ਸਾਥ ਕਰਦਾ ਹੈ ॥੩॥
30407	704	ਛੰਤੁ॥		Shhanth ||	Chhant:	ਛੰਤੁ।
30408	704	ਸਾਥੀਅੜਾ ਪ੍ਰਭੁ ਏਕੁ ਦੂਸਰ ਨਾਹਿ ਕੋਇ॥		Saathheearraa Prabh Eaek Dhoosar Naahi Koe ||	God is our only True Friend; there is not any other.	ਹੇ ਭਾਈ! ਸਿਰਫ਼ ਪਰਮਾਤਮਾ ਹੀ (ਸਦਾ ਨਾਲ ਨਿਭਣ ਵਾਲਾ) ਸਾਥੀ ਹੈ, ਉਸ ਤੋਂ ਬਿਨਾ ਹੋਰ ਕੋਈ (ਸਾਥੀ) ਨਹੀਂ।
30409	704	ਥਾਨ ਥਨੰਤਰਿ ਆਪਿ ਜਲਿ ਥਲਿ ਪੂਰ ਸੋਇ॥		Thhaan Thhananthar Aap Jal Thhal Poor Soe ||	In the places and interspaces, in the water and on the land, He Himself is pervading everywhere.	ਉਹੀ ਪਰਮਾਤਮਾ ਪਾਣੀ ਵਿਚ ਧਰਤੀ ਵਿਚ ਹਰੇਕ ਥਾਂ ਵਿਚ ਵੱਸ ਰਿਹਾ ਹੈ।
30410	704	ਜਲਿ ਥਲਿ ਮਹੀਅਲਿ ਪੂਰਿ ਰਹਿਆ ਸਰਬ ਦਾਤਾ ਪ੍ਰਭੁ ਧਨੀ॥		Jal Thhal Meheeal Poor Rehiaa Sarab Dhaathaa Prabh Dhhanee ||	He is totally permeating the water, the land and the sky; God is the Great Giver, the Lord and Master of all.	ਹੇ ਭਾਈ! ਉਹ ਮਾਲਕ-ਪ੍ਰਭੂ ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ ਵਿਆਪ ਰਿਹਾ ਹੈ, ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ।

30411	704	ਗੋਪਾਲ ਗੋਬਿੰਦ ਅੰਤੁ ਨਾਹੀ ਬੇਅੰਤ ਗੁਣ ਤਾ ਕੇ ਕਿਆ ਗਨੀ॥		Gopaal Gobindh Anth Naahee Baeanth Gun Thaa Kae Kiaa Ganee ||	The Lord of the world, the Lord of the universe has no limit; His Glorious Virtues are unlimited - how can I count them?	ਉਸ ਗੋਪਾਲ ਗੋਬਿੰਦ (ਦੇ ਗੁਣਾਂ) ਦਾ ਅੰਤ ਨਹੀਂ ਪੈ ਸਕਦਾ, ਉਸ ਦੇ ਗੁਣ ਬੇਅੰਤ ਹਨ, ਮੈਂ ਉਸ ਦੇ ਗੁਣ ਕੀਹ ਗਿਣ ਸਕਦਾ ਹਾਂ?
30412	704	ਭਜੁ ਸਰਣਿ ਸੁਆਮੀ ਸੁਖਹਗਾਮੀ ਤਿਸੁ ਬਿਨਾ ਅਨ ਨਾਹਿ ਕੋਇ॥	(ਸੁਖਹਗਾਮੀ) ਸੁਖ ਪਹੁੰਚਾਉਣ ਵਾਲੇ। (ਅਨ) ਹੋਰ	Bhaj Saran Suaamee Sukheh Gaamee This Binaa An Naahi Koe ||	I have hurried to the Sanctuary of the Lord Master, the Bringer of peace; without Him, there is no other at all.	ਹੇ ਭਾਈ! ਉਸ ਮਾਲਕ ਦੀ ਸਰਨ ਪਿਆ ਰਹੁ, ਉਹ ਹੀ ਸਾਰੇ ਸੁਖ ਅਪੜਾਣ ਵਾਲਾ ਹੈ। ਉਸ ਤੋਂ ਬਿਨਾ (ਅਸਾਂ ਜੀਵਾਂ ਦਾ) ਹੋਰ ਕੋਈ (ਸਹਾਰਾ) ਨਹੀਂ ਹੈ।
30413	704	ਬਿਨਵੰਤਿ ਨਾਨਕ ਦਇਆ ਧਾਰਹੁ ਤਿਸੁ ਪਰਾਪਤਿ ਨਾਮੁ ਹੋਇ॥੩॥		Binavanth Naanak Dhaeiaa Dhhaarahu This Paraapath Naam Hoe ||3||	Prays Nanak, that being, unto whom the Lord shows mercy - he alone obtains the Naam. ||3||	ਨਾਨਕ ਬੇਨਤੀ ਕਰਦਾ ਹੈ-ਹੇ ਪ੍ਰਭੂ! ਜਿਸ ਉਤੇ ਤੂੰ ਮੇਹਰ ਕਰਦਾ ਹੈਂ, ਉਸ ਨੂੰ ਤੇਰਾ ਨਾਮ ਹਾਸਲ ਹੋ ਜਾਂਦਾ ਹੈ ॥੩॥
30414	705	ਸਲੋਕੁ॥		Salok ||	Shalok:	
30415	705	ਚਿਤਿ ਜਿ ਚਿਤਵਿਆ ਸੋ ਮੈ ਪਾਇਆ॥		Chith J Chithaviaa So Mai Paaeiaa ||	Whatever I wish for, that I receive.	ਹੇ ਨਾਨਕ! (ਆਖ-ਹੇ ਭਾਈ!) ਪਰਮਾਤਮਾ ਦਾ ਨਾਮ ਸਿਮਰਿਆ ਕਰ, (ਉਸ ਦੇ ਦਰ ਤੋਂ) ਸਾਰੇ ਸੁਖ (ਮਿਲ ਜਾਂਦੇ ਹਨ),

30416	705	ਨਾਨਕ ਨਾਮੁ ਧਿਆਇ ਸੁਖ ਸਬਾਇਆ॥੪॥	(ਸਬਾਇਆ) ਸਾਰੇ	Naanak Naam Dhhiaae Sukh Sabaaeiaa ||4||	Meditating on the Naam, the Name of the Lord, Nanak has found total peace. ||4||	ਮੈਂ ਤਾਂ ਜੇਹੜੀ ਭੀ ਮੰਗ ਆਪਣੇ ਚਿੱਤ ਵਿਚ (ਉਸ ਪਾਸੋਂ) ਮੰਗੀ ਹੈ, ਉਹ ਮੈਨੂੰ (ਸਦਾ) ਮਿਲ ਗਈ ਹੈ ॥੪॥
30417	705	ਛੰਤੁ॥		Shhanth ||	Chhant:	ਛੰਤੁ।
30418	705	ਅਬ ਮਨੁ ਛੂਟਿ ਗਇਆ ਸਾਧੂਸੰਗਿ ਮਿਲੇ॥		Ab Man Shhoott Gaeiaa Saadhhoo Sang Milae ||	My mind is now emancipated; I have joined the Saadh Sangat, the Company of the Holy.	ਹੇ ਭਾਈ! ਗੁਰੂ ਦੀ ਸੰਗਤਿ ਵਿਚ ਮਿਲ ਕੇ ਹੁਣ (ਮੇਰਾ) ਮਨ (ਮਾਇਆ ਦੇ ਮੋਹ ਤੋਂ) ਸੁਤੰਤਰ ਹੋ ਗਿਆ ਹੈ।
30419	705	ਗੁਰਮੁਖਿ ਨਾਮੁ ਲਇਆ ਜੋਤੀ ਜੋਤਿ ਰਲੇ॥		Guramukh Naam Laeiaa Jothee Joth Ralae ||	As Gurmukh, I chant the Naam, and my light has merged into the Light.	(ਜਿਨ੍ਹਾਂ ਨੇ ਭੀ) ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਹਨਾਂ ਦੀ ਜਿੰਦ ਪਰਮਾਤਮਾ ਦੀ ਜੋਤੀ ਵਿਚ ਲੀਨ ਰਹਿੰਦੀ ਹੈ।
30420	705	ਹਰਿ ਨਾਮੁ ਸਿਮਰਤ ਮਿਟੇ ਕਿਲਬਿਖ ਬੁਝੀ ਤਪਤਿ ਅਘਾਨਿਆ॥	(ਕਿਲਬਿਖ) ਪਾਪ। (ਅਘਾਨਿਆ) ਤ੍ਰਿਪਤ	Har Naam Simarath Mittae Kilabikh Bujhee Thapath Aghaaniaa ||	Remembering the Lord's Name in meditation, my sins have been erased; the fire has been extinguished, and I am satisfied.	ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਿਆਂ ਸਾਰੇ ਪਾਪ ਮਿਟ ਜਾਂਦੇ ਹਨ, (ਵਿਕਾਰਾਂ ਦੀ) ਸੜਨ ਮੁੱਕ ਜਾਂਦੀ ਹੈ, (ਮਨ ਮਾਇਆ ਵਲੋਂ) ਰੱਜ ਜਾਂਦਾ ਹੈ।

30421	705	ਗਹਿ ਭੁਜਾ ਲੀਨੇ ਦਇਆ ਕੀਨੇ ਆਪਨੇ ਕਰਿ ਮਾਨਿਆ॥	(ਭੁਜਾ) ਬਾਂਹ	Gehi Bhujaa Leenae Dhaeiaa Keenae Aapanae Kar Maaniaa ||	He has taken me by the arm, and blessed me with His kind mercy; He has accepted me His own.	ਜਿਨ੍ਹਾਂ ਉਤੇ ਪ੍ਰਭੂ ਦਇਆ ਕਰਦਾ ਹੈ, ਜਿਨ੍ਹਾਂ ਦੀ ਬਾਂਹ ਫੜ ਕੇ ਆਪਣੇ ਬਣਾ ਲੈਂਦਾ ਹੈ, ਤੇ, ਆਦਰ ਦੇਂਦਾ ਹੈ।
30422	705	ਲੈ ਅੰਕਿ ਲਾਏ ਹਰਿ ਮਿਲਾਏ ਜਨਮ ਮਰਣਾ ਦੁਖ ਜਲੇ॥	(ਅੰਕਿ ਲਾਏ) ਸਰੂਪ ਚ ਮਿਲਾਏ	Lai Ank Laaeae Har Milaaeae Janam Maranaa Dhukh Jalae ||	The Lord has hugged me in His embrace, and merged me with Himself; the pains of birth and death have been burnt away.	ਜਿਨ੍ਹਾਂ ਨੂੰ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ਆਪਣੇ ਨਾਲ ਮਿਲਾ ਲੈਂਦਾ ਹੈ, ਉਹਨਾਂ ਦੇ ਜਨਮ ਮਰਨ ਦੇ ਸਾਰੇ ਦੁੱਖ ਸੜ (ਕੇ ਸੁਆਹ ਹੋ) ਜਾਂਦੇ ਹਨ।
30423	705	ਬਿਨਵੰਤਿ ਨਾਨਕ ਦਇਆ ਧਾਰੀ ਮੇਲਿ ਲੀਨੇ ਇਕ ਪਲੇ॥੪॥੨॥	(ਪਲੇ) ਪਲ ਚ। ਬਿਨ-ਵੰਤਿ	Binavanth Naanak Dhaeiaa Dhhaaree Mael Leenae Eik Palae ||4||2||	Prays Nanak, He has blessed me with His kind mercy; in an instant, He unites me with Himself. ||4||2||	ਨਾਨਕ ਬੇਨਤੀ ਕਰਦਾ ਹੈ-(ਹੇ ਭਾਈ! ਜਿਨ੍ਹਾਂ ਉਤੇ ਪ੍ਰਭੂ) ਮੇਹਰ ਕਰਦਾ ਹੈ, ਉਹਨਾਂ ਨੂੰ ਇਕ ਪਲ ਵਿਚ ਆਪਣੇ ਨਾਲ ਮਿਲਾ ਲੈਂਦਾ ਹੈ ॥੪॥੨॥
30424	705	ਜੈਤਸਰੀ ਛੰਤ ਮਃ ੫॥		Jaithasaree Shhanth Ma 5 ||	Jaitsree, Chhant, Fifth Mehl:	
30425	705	ਪਾਧਾਣੂ ਸੰਸਾਰੁ ਗਾਰਬਿ ਅਟਿਆ॥	(ਪਾਧਾਣੂ) ਪਾਂਧੀ। (ਗਾਰਬਿ) ਹੰਕਾਰ। (ਅਟਿਆ) ਭਰਿਆ	Paadhhaanoo Sansaar Gaarab Attiaa ||	The world is like a temporary way-station, but it is filled with pride.	ਹੇ ਭਾਈ! ਜਗਤ ਮੁਸਾਫ਼ਿਰ ਹੈ (ਫਿਰ ਭੀ,) ਅਹੰਕਾਰ ਵਿਚ ਲਿਬੜਿਆ ਰਹਿੰਦਾ ਹੈ।
30426	705	ਕਰਤੇ ਪਾਪ ਅਨੇਕ ਮਾਇਆ ਰੰਗ ਰਟਿਆ॥	(ਰੱਟਿਆ) ਰੱਤਾ	Karathae Paap Anaek Maaeiaa Rang Rattiaa ||	People commit countless sins; they are dyed in the color of the love of Maya.	ਮਾਇਆ ਦੇ ਕੌਤਕਾਂ ਵਿਚ ਮਸਤ ਜੀਵ ਅਨੇਕਾਂ ਪਾਪ ਕਰਦੇ ਰਹਿੰਦੇ ਹਨ।

30427	705	ਲੋਭਿ ਮੋਹਿ ਅਭਿਮਾਨਿ ਬੂਡੇ ਮਰਣੁ ਚੀਤਿ ਨ ਆਵਏ॥	(ਬੂਡੇ) ਡੁੱਬੇ	Lobh Mohi Abhimaan Booddae Maran Cheeth N Aaveae ||	In greed, emotional attachment and egotism, they are drowning; they do not even think of dying.	(ਜੀਵ) ਲੋਭ ਵਿਚ, (ਮਾਇਆ ਦੇ) ਮੋਹ ਵਿਚ, ਅਹੰਕਾਰ ਵਿਚ ਡੁੱਬੇ ਰਹਿੰਦੇ ਹਨ (ਇਹਨਾਂ ਨੂੰ) ਮੌਤ ਯਾਦ ਹੀ ਨਹੀਂ ਆਉਂਦੀ।
30428	705	ਪੁਤ੍ਰ ਮਿਤ੍ਰ ਬਿਉਹਾਰ ਬਨਿਤਾ ਏਹ ਕਰਤ ਬਿਹਾਵਏ॥	(ਬਨਿਤਾ) ਇਸਤ੍ਰੀ	Puthr Mithr Biouhaar Banithaa Eaeh Karath Bihaaveae ||	Children, friends, worldly occupations and spouses - they talk of these things, while their lives are passing away.	ਪੁੱਤਰ, ਮਿੱਤਰ, ਇਸਤ੍ਰੀ (ਆਦਿਕ) ਦੇ ਮੇਲ-ਮਿਲਾਪ-ਇਹੀ ਕਰਦਿਆਂ (ਜੀਵਾਂ ਦੀ ਉਮਰ) ਗੁਜ਼ਰਦੀ ਜਾਂਦੀ ਹੈ।
30429	705	ਪੁਜਿ ਦਿਵਸ ਆਏ ਲਿਖੇ ਮਾਏ ਦੁਖੁ ਧਰਮ ਦੂਤਹ ਡਿਠਿਆ॥	(ਪੁੱਜਿ) ਪੂਰੇ	Puj Dhivas Aaeae Likhae Maaeae Dhukh Dhharam Dhootheh Ddithiaa ||	When their pre-ordained days have run their course, O mother, they behold the Messengers of the Righteous Judge of Dharma, and they suffer.	ਹੇ ਮਾਂ (ਧੁਰੋਂ) ਲਿਖੇ ਹੋਏ (ਉਮਰ ਦੇ) ਦਿਨ ਜਦੋਂ ਮੁੱਕ ਜਾਂਦੇ ਹਨ, ਤਾਂ ਧਰਮਰਾਜ ਦੇ ਦੂਤਾਂ ਨੂੰ ਵੇਖਿਆਂ ਬੜੀ ਤਕਲੀਫ਼ ਹੁੰਦੀ ਹੈ।
30430	705	ਕਿਰਤ ਕਰਮ ਨ ਮਿਟੈ ਨਾਨਕ ਹਰਿ ਨਾਮ ਧਨੁ ਨਹੀ ਖਟਿਆ॥੧॥		Kirath Karam N Mittai Naanak Har Naam Dhhan Nehee Khattiaa ||1||	The karma of their past deeds cannot be erased, O Nanak, if they have not earned the wealth of the Lord's Name. ||1||	ਹੇ ਨਾਨਕ! (ਮਨੁੱਖ ਇਥੇ) ਪਰਮਾਤਮਾ ਦਾ ਨਾਮ-ਧਨ ਨਹੀਂ ਕਮਾਂਦਾ, (ਹੋਰ ਹੋਰ) ਕੀਤੇ ਹੋਏ ਕਰਮਾਂ (ਦਾ ਲੇਖਾ) ਨਹੀਂ ਮਿਟਦਾ ॥੧॥

30431	705	ਉਦਮ ਕਰਹਿ ਅਨੇਕ ਹਰਿ ਨਾਮੁ ਨ ਗਾਵਹੀ॥		Oudham Karehi Anaek Har Naam N Gaavehee ||	He makes all sorts of efforts, but he does not sing the Lord's Name.	ਹੇ ਭਾਈ! ਜੇਹੜੇ ਮਨੁੱਖ ਹੋਰ ਹੋਰ ਉੱਦਮ ਤਾਂ ਅਨੇਕਾਂ ਹੀ ਕਰਦੇ ਹਨ, ਪਰ ਪਰਮਾਤਮਾ ਦਾ ਨਾਮ ਨਹੀਂ ਜਪਦੇ,
30432	705	ਭਰਮਹਿ ਜੋਨਿ ਅਸੰਖ ਮਰਿ ਜਨਮਹਿ ਆਵੰਹੀ॥		Bharamehi Jon Asankh Mar Janamehi Aavehee ||	He wanders around in countless incarnations; he dies, only to be born again.	ਉਹ ਅਣਗਿਣਤ ਜੂਨਾਂ ਵਿਚ ਭਟਕਦੇ ਫਿਰਦੇ ਹਨ, ਆਤਮਕ ਮੌਤ ਸਹੇੜ ਕੇ (ਮੁੜ ਮੁੜ) ਜੰਮਦੇ ਹਨ (ਮੁੜ ਮੁੜ ਜਗਤ ਵਿਚ) ਆਉਂਦੇ ਹਨ।
30433	705	ਪਸੂ ਪੰਖੀ ਸੈਲ ਤਰਵਰ ਗਣਤ ਕਛੂ ਨ ਆਵਏ॥	(ਸੈਲ) ਪੱਥਰ। (ਤਰਵਰ) ਰੁੱਖ	Pasoo Pankhee Sail Tharavar Ganath Kashhoo N Aaveae ||	As beasts, birds, stones and trees - their number cannot be known.	(ਉਹ ਮਨੁੱਖ) ਪਸ਼ੂ ਪੰਛੀ, ਪੱਥਰ, ਰੁੱਖ (ਆਦਿਕ ਅਨੇਕਾਂ ਜੂਨਾਂ ਵਿਚ ਪੈਂਦੇ ਹਨ, ਜਿਨ੍ਹਾਂ ਦੀ) ਕੋਈ ਗਿਣਤੀ ਹੀ ਨਹੀਂ ਹੋ ਸਕਦੀ।
30434	705	ਬੀਜੁ ਬੋਵਸਿ ਭੋਗ ਭੋਗਹਿ ਕੀਆ ਅਪਣਾ ਪਾਵਏ॥		Beej Bovas Bhog Bhogehi Keeaa Apanaa Paaveae ||	As are the seeds he plants, so are the pleasures he enjoys; he receives the consequences of his own actions.	(ਹੇ ਭਾਈ! ਚੇਤੇ ਰੱਖ, ਜਿਹੋ ਜਿਹਾ) ਤੂੰ ਬੀ ਬੀਜੇਂਗਾ (ਉਹੋ ਜਿਹੇ) ਫਲ ਖਾਏਂਗਾ। (ਹਰੇਕ ਮਨੁੱਖ) ਆਪਣਾ ਕੀਤਾ ਪਾਂਦਾ ਹੈ।
30435	705	ਰਤਨ ਜਨਮੁ ਹਾਰੰਤ ਜੂਐ ਪ੍ਰਭੂ ਆਪਿ ਨ ਭਾਵਹੀ॥		Rathan Janam Haaranth Jooai Prabhoo Aap N Bhaavehee ||	He loses the jewel of this human life in the gamble, and God is not pleased with him at all.	ਜੇਹੜੇ ਮਨੁੱਖ ਇਸ ਕੀਮਤੀ ਮਨੁੱਖਾ ਜਨਮ ਨੂੰ ਜੂਏ ਵਿਚ ਹਾਰ ਰਹੇ ਹਨ, ਉਹ ਪਰਮਾਤਮਾ ਨੂੰ ਭੀ ਚੰਗੇ ਨਹੀਂ ਲਗਦੇ।

30436	705	ਬਿਨਵੰਤਿ ਨਾਨਕ ਭਰਮਹਿ ਭ੍ਰਮਾਏ ਖਿਨੁ ਏਕੁ ਟਿਕਣੁ ਨ ਪਾਵਹੀ॥੨॥		Binavanth Naanak Bharamehi Bhramaaeae Khin Eaek Ttikan N Paavehee ||2||	Prays Nanak, wandering in doubt, he does not find any rest, even for an instant. ||2||	ਨਾਨਕ ਬੇਨਤੀ ਕਰਦਾ ਹੈ ਅਜੇਹੇ ਮਨੁੱਖ (ਮਾਇਆ ਦੀ ਹੱਥੀਂ) ਕੁਰਾਹੇ ਪਏ ਹੋਏ (ਜੂਨਾਂ ਵਿਚ) ਭਟਕਦੇ ਫਿਰਦੇ ਹਨ, (ਜੂਨਾਂ ਦੇ ਗੇੜ ਵਿਚੋਂ) ਇਕ ਛਿਨ ਭਰ ਭੀ ਟਿਕ ਨਹੀਂ ਸਕਦੇ ॥੨॥
30437	705	ਜੋਬਨੁ ਗਇਆ ਬਿਤੀਤਿ ਜਰੁ ਮਲਿ ਬੈਠੀਆ॥	ਮੱਲਿ	Joban Gaeiaa Bitheeth Jar Mal Baitheeaa ||	Youth has passed, and old age has taken its place.	ਹੇ ਭਾਈ! ਆਖ਼ਰ ਜਵਾਨੀ ਬੀਤ ਜਾਂਦੀ ਹੈ, (ਉਸ ਦੀ ਥਾਂ) ਬੁਢੇਪਾ ਮੱਲ ਕੇ ਬਹਿ ਜਾਂਦਾ ਹੈ।
30438	705	ਕਰ ਕੰਪਹਿ ਸਿਰੁ ਡੋਲ ਨੈਣ ਨ ਡੀਠਿਆ॥	(ਕਰ)ਹੱਥ	Kar Kanpehi Sir Ddol Nain N Ddeethiaa ||	The hands tremble, the head shakes, and the eyes do not see.	ਹੱਥ ਕੰਬਣ ਲੱਗ ਪੈਂਦੇ ਹਨ, ਸਿਰ ਝੋਲਾ ਖਾਣ ਲੱਗ ਪੈਂਦਾ ਹੈ, ਅੱਖਾਂ ਨਾਲ ਕੁਝ ਦਿੱਸਦਾ ਨਹੀਂ।
30439	705	ਨਹ ਨੈਣ ਦੀਸੈ ਬਿਨੁ ਭਜਨ ਈਸੈ ਛੋਡਿ ਮਾਇਆ ਚਾਲਿਆ॥		Neh Nain Dheesai Bin Bhajan Eesai Shhodd Maaeiaa Chaaliaa ||	The eyes do not see, without vibrating and meditating on the Lord; he must leave behind the attractions of Maya, and depart.	ਅੱਖੀਂ ਕੁਝ ਦਿੱਸਦਾ ਨਹੀਂ, (ਜਿਸ ਮਾਇਆ ਦੀ ਖ਼ਾਤਰ) ਪਰਮਾਤਮਾ ਦੇ ਭਜਨ ਤੋਂ ਵਾਂਜਿਆ ਰਿਹਾ, (ਆਖ਼ਰ ਉਸ) ਮਾਇਆ ਨੂੰ (ਭੀ ਛੱਡ ਕੇ ਤੁਰ ਪੈਂਦਾ ਹੈ।

30440	705	ਕਹਿਆ ਨ ਮਾਨਹਿ ਸਿਰਿ ਖਾਕੁ ਛਾਨਹਿ ਜਿਨ ਸੰਗਿ ਮਨੁ ਤਨੁ ਜਾਲਿਆ॥		Kehiaa N Maanehi Sir Khaak Shhaanehi Jin Sang Man Than Jaaliaa ||	He burnt his mind and body for his relatives, but now, they do not listen to him, and they throw dust on his head.	ਜਿਨ੍ਹਾਂ (ਪੁੱਤਰ ਆਦਿਕ ਸੰਬੰਧੀਆਂ ਦੇ) ਨਾਲ (ਆਪਣਾ) ਮਨ (ਆਪਣਾ) ਸਰੀਰ (ਤ੍ਰਿਸ਼ਨਾ ਦੀ ਅੱਗ ਵਿਚ) ਸੜਦਾ ਰਿਹਾ; (ਬੁਢੇਪੇ ਵੇਲੇ ਉਹ ਭੀ) ਆਖਾ ਨਹੀਂ ਮੰਨਦੇ, ਸਿਰ ਉਤੇ ਸੁਆਹ ਹੀ ਪਾਂਦੇ ਹਨ (ਗੱਲੇ ਗੱਲੇ ਟਕੇ ਵਰਗਾ ਕੋਰਾ ਜਵਾਬ ਦੇਂਦੇ ਹਨ)।
30441	705	ਸ੍ਰੀ ਰਾਮ ਰੰਗ ਅਪਾਰ ਪੂਰਨ ਨਹ ਨਿਮਖ ਮਨ ਮਹਿ ਵੂਠਿਆ॥	(ਵੂਠਿਆ) ਵਸਿਆ	Sreeraam Rang Apaar Pooran Neh Nimakh Man Mehi Voothiaa ||	Love for the infinite, Perfect Lord does not abide in his mind, even for an instant.	(ਮਾਇਆ ਦੇ ਮੋਹ ਵਿਚ ਫਸੇ ਰਹਿਣ ਦੇ ਕਾਰਨ) ਬੇਅੰਤ, ਸਰਬ-ਵਿਆਪਕ ਪਰਮਾਤਮਾ ਦੇ ਪ੍ਰੇਮ ਦੀਆਂ ਗੱਲਾਂ ਇਕ ਛਿਨ ਵਾਸਤੇ ਭੀ ਮਨ ਵਿਚ ਨਾਹ ਵੱਸੀਆਂ।
30442	705	ਬਿਨਵੰਤਿ ਨਾਨਕ ਕੋਟਿ ਕਾਗਰ ਬਿਨਸ ਬਾਰ ਨ ਝੂਠਿਆ॥੩॥	(ਕਾਰਗ) ਕਾਗਜ਼	Binavanth Naanak Kott Kaagar Binas Baar N Jhoothiaa ||3||	Prays Nanak, the fort of paper is false - it is destroyed in an instant. ||3||	ਨਾਨਕ ਬੇਨਤੀ ਕਰਦਾ ਹੈ-ਇਹ ਨਾਸਵੰਤ (ਸਰੀਰ) ਨਾਸ ਹੁੰਦਿਆਂ ਚਿਰ ਨਹੀਂ ਲੱਗਦਾ ਜਿਵੇਂ ਕ੍ਰੋੜਾਂ (ਮਣ) ਕਾਗ਼ਜ਼ (ਪਲ ਵਿਚ ਸੜ ਕੇ ਸੁਆਹ ਹੋ ਜਾਂਦੇ ਹਨ) ॥੩॥
30443	705	ਚਰਨਕਮਲ ਸਰਣਾਇ ਨਾਨਕੁ ਆਇਆ॥		Charan Kamal Saranaae Naanak Aaeiaa ||	Nanak has come to the Sanctuary of the Lord's lotus feet.	ਹੇ ਭਾਈ! ਨਾਨਕ (ਤਾਂ ਪ੍ਰਭੂ ਦੇ) ਕੋਮਲ ਚਰਨਾਂ ਦੀ ਸਰਨ ਆ ਪਿਆ ਹੈ।

30444	705	ਦੁਤਰੁ ਭੈ ਸੰਸਾਰੁ ਪ੍ਰਭਿ ਆਪਿ ਤਰਾਇਆ॥	(ਦੁੱਤ-ਰੁ) ਕਠਿਨ	Dhuthar Bhai Sansaar Prabh Aap Tharaaeiaa ||	God Himself has carried Him across the impassable, terrifying world-ocean.	ਇਹ ਸੰਸਾਰ (-ਸਮੁੰਦਰ) ਅਨੇਕਾਂ ਡਰਾਂ ਨਾਲ ਭਰਪੂਰ ਹੈ, ਇਸ ਤੋਂ ਪਾਰ ਲੰਘਣਾ ਔਖਾ ਹੈ, (ਜੇਹੜੇ ਭੀ ਮਨੁੱਖ ਪ੍ਰਭੂ ਦੀ ਸਰਨ ਆ ਪਏ ਉਹਨਾਂ ਨੂੰ ਸਦਾ ਹੀ) ਪ੍ਰਭੂ ਨੇ ਆਪ (ਇਸ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲਿਆ।
30445	705	ਮਿਲਿ ਸਾਧਸੰਗੇ ਭਜੇ ਸ੍ਰੀਧਰ ਕਰਿ ਅੰਗੁ ਪ੍ਰਭ ਜੀ ਤਾਰਿਆ॥	(ਸ੍ਰੀਧਰ) ਵਾਹਿਗੁਰੂ ਜੀ। (ਅੰਗੁ) ਪੱਖ। ਭਜ:ਪੋਲਾ ਬੋਲੋ	Mil Saadhhasangae Bhajae Sreedhhar Kar Ang Prabh Jee Thaariaa ||	Joining the Saadh Sangat, the Company of the Holy, I vibrate and meditate on the Lord; God has made me His own, and saved me.	ਸਾਧ ਸੰਗਤਿ ਵਿੱਚ ਮਿਲ ਕੇ ਜਿਸ ਨੇ ਪਰਮਾਤਮਾ ਦਾ ਨਾਮ ਜਪਿਆ ਹੈ, ਪਰਮਾਤਮਾ ਨੇ ਉਸ ਦਾ ਪੱਖ ਕਰ ਕੇ ਉਸ ਨੂੰ (ਇਸ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ।
30446	705	ਹਰਿ ਮਾਨਿ ਲੀਏ ਨਾਮ ਦੀਏ ਅਵਰੁ ਕਛੁ ਨ ਬੀਚਾਰਿਆ॥		Har Maan Leeeae Naam Dheeeae Avar Kashh N Beechaariaa ||	The Lord has approved of me, and blessed me with His Name; He did not take anything else into consideration.	ਪ੍ਰਭੂ ਨੇ ਸਦਾ ਉਹਨਾਂ ਨੂੰ ਆਦਰ-ਮਾਣ ਦਿੱਤਾ, ਆਪਣੇ ਨਾਮ ਦੀ ਦਾਤ ਦਿੱਤੀ ਉਹਨਾਂ ਦੇ ਕਿਸੇ ਹੋਰ (ਗੁਣ ਔਗੁਣ ਦੀ) ਵਿਚਾਰ ਨਾਹ ਕੀਤੀ।
30447	705	ਗੁਣ ਨਿਧਾਨ ਅਪਾਰ ਠਾਕੁਰ ਮਨਿ ਲੋੜੀਦਾ ਪਾਇਆ॥		Gun Nidhhaan Apaar Thaakur Man Lorreedhaa Paaeiaa ||	I have found the infinite Lord and Master, the treasure of virtue, which my mind had yearned for.	ਉਹ (ਮਨੁੱਖ ਮਾਇਆ ਦੀ ਤ੍ਰਿਸ਼ਨਾ ਵਲੋਂ) ਸਦਾ ਲਈ ਰੱਜ ਗਏ, ਉਹਨਾਂ ਨੇ ਉਸ ਗੁਣਾਂ ਦੇ ਖ਼ਜ਼ਾਨੇ ਬੇਅੰਤ ਮਾਲਕ-ਪ੍ਰਭੂ ਨੂੰ ਆਪਣੇ ਮਨ ਵਿਚ ਲੱਭ ਲਿਆ, ਜਿਸ ਨੂੰ ਮਿਲਣ ਦੀ ਉਹਨਾਂ ਤਾਂਘ ਰੱਖੀ ਹੋਈ ਸੀ,

30448	705	ਬਿਨਵੰਤਿ ਨਾਨਕੁ ਸਦਾ ਤ੍ਰਿਪਤੇ ਹਰਿ ਨਾਮੁ ਭੋਜਨੁ ਖਾਇਆ॥੪॥੨॥੩॥		Binavanth Naanak Sadhaa Thripathae Har Naam Bhojan Khaaeiaa ||4||2||3||	Prays Nanak, I am satisfied forever; I have eaten the food of the Lord's Name. ||4||2||3||	ਨਾਨਕ ਬੇਨਤੀ ਕਰਦਾ ਹੈ- ਜਿਨ੍ਹਾਂ ਮਨੁੱਖਾਂ ਨੇ (ਆਤਮਕ ਜੀਵਨ ਜ਼ਿੰਦਾ ਰੱਖਣ ਲਈ) ਪਰਮਾਤਮਾ ਦਾ ਨਾਮ-ਭੋਜਨ ਖਾਧਾ ॥੪॥੨॥੩॥
30449	705	ਜੈਤਸਰੀ ਮਹਲਾ ੫ ਵਾਰ ਸਲੋਕਾ ਨਾਲਿ		Jaithasaree Mehalaa 5 Vaar Salokaa Naali	Jaitsree, Fifth Mehl, Vaar With Shaloks:	ਰਾਗ ਜੈਤਸਰੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਵਾਰ', ਸਲੋਕਾਂ ਸਮੇਤ।
30450	705	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30451	705	ਸਲੋਕ॥		Salok ||	Shalok:	
30452	705	ਆਦਿ ਪੂਰਨ ਮਧਿ ਪੂਰਨ ਅੰਤਿ ਪੂਰਨ ਪਰਮੇਸੁਰਹ॥	ਮਧਿ:ਪੋਲਾ ਬੋਲੋ	Aadh Pooran Madhh Pooran Anth Pooran Paramaesureh ||	In the beginning, He was pervading; in the middle, He is pervading; in the end, He will be pervading. He is the Transcendent Lord.	ਸੰਤ ਜਨ ਉਸ ਸਰਬ-ਵਿਆਪਕ ਪਰਮੇਸਰ ਨੂੰ ਸਿਮਰਦੇ ਹਨ ਜੋ ਜਗਤ ਦੇ ਸ਼ੁਰੂ ਤੋਂ ਹਰ ਥਾਂ ਮੌਜੂਦ ਹੈ, ਹੁਣ ਭੀ ਸਰਬ-ਵਿਆਪਕ ਹੈ ਤੇ ਅਖ਼ੀਰ ਵਿਚ ਭੀ ਹਰ ਥਾਂ ਹਾਜ਼ਰ ਨਾਜ਼ਰ ਰਹੇਗਾ।

30453	705	ਸਿਮਰੰਤਿ ਸੰਤ ਸਰਬਤ੍ਰ ਰਮਣੰ ਨਾਨਕ ਅਘਨਾਸਨ ਜਗਦੀਸੁਰਹ॥੧॥	(ਅਘਨਾਸਨ) ਪਾਪ ਨਾਸ ਕਰਨ ਵਾਲੇ। ਜੱਗਦੀਸੁ-ਰਹ	Simaranth Santh Sarabathr Ramanan Naanak Aghanaasan Jagadheesureh ||1||	The Saints remember in meditation the all-pervading Lord God. O Nanak, He is the Destroyer of sins, the Lord of the universe. ||1||	ਹੇ ਨਾਨਕ! ਉਹ ਜਗਤ ਦਾ ਮਾਲਕ ਪ੍ਰਭੂ ਸਭ ਪਾਪਾਂ ਦੇ ਨਾਸ ਕਰਨ ਵਾਲਾ ਹੈ ॥੧॥
30454	706	ਪੇਖਨ ਸੁਨਨ ਸੁਨਾਵਨੋ ਮਨ ਮਹਿ ਦ੍ਰਿੜੀਐ ਸਾਚੁ॥		Paekhan Sunan Sunaavano Man Mehi Dhrirreeai Saach ||	See, hear, speak and implant the True Lord within your mind.	ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਮਨ ਵਿਚ ਚੰਗੀ ਤਰ੍ਹਾਂ ਧਾਰਨ ਕਰਨਾ ਚਾਹੀਦਾ ਹੈ ਜੋ (ਹਰ ਥਾਂ) ਆਪ ਹੀ ਵੇਖਣ ਵਾਲਾ ਹੈ, ਆਪ ਹੀ ਸੁਣਨ ਵਾਲਾ ਹੈ ਤੇ ਆਪ ਹੀ ਸੁਣਾਉਣ ਵਾਲਾ ਹੈ।
30455	706	ਪੂਰਿ ਰਹਿਓ ਸਰਬਤ੍ਰ ਮੈ ਨਾਨਕ ਹਰਿ ਰੰਗਿ ਰਾਚੁ॥੨॥		Poor Rehiou Sarabathr Mai Naanak Har Rang Raach ||2||	He is all-pervading, permeating everywhere; O Nanak, be absorbed in the Lord's Love. ||2||	ਹੇ ਨਾਨਕ! ਉਸ ਹਰੀ ਦੀ ਪਿਆਰੀ ਯਾਦ ਵਿਚ ਲੀਨ ਹੋ ਜਾ ਜੋ ਸਭ ਥਾਈਂ ਮੌਜੂਦ ਹੈ ॥੨॥
30456	706	ਪਉੜੀ॥		Pourree ||	Pauree:	
30457	706	ਹਰਿ ਏਕੁ ਨਿਰੰਜਨੁ ਗਾਈਐ ਸਭ ਅੰਤਰਿ ਸੋਈ॥		Har Eaek Niranjan Gaaeeai Sabh Anthar Soee ||	Sing the Praise of the One, the Immaculate Lord; He is contained within all.	ਜੋ ਪ੍ਰਭੂ ਮਾਇਆ ਤੋਂ ਨਿਰਲੇਪ ਹੈ ਸਿਰਫ਼ ਉਸ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ, ਉਹੀ ਸਭ ਦੇ ਅੰਦਰ ਮੌਜੂਦ ਹੈ।

30458	706	ਕਰਣ ਕਾਰਣ ਸਮਰਥ ਪ੍ਰਭੁ ਜੋ ਕਰੇ ਸੁ ਹੋਈ॥	ਸਮਰੱਥ	Karan Kaaran Samarathh Prabh Jo Karae S Hoee ||	The Cause of causes, the Almighty Lord God; whatever He wills, comes to pass.	ਉਹ ਪ੍ਰਭੂ ਸਾਰੇ ਜਗਤ ਦਾ ਮੂਲ ਹੈ, ਸਭ ਕਿਸਮ ਦੀ ਤਾਕਤ ਵਾਲਾ ਹੈ, (ਜਗਤ ਵਿਚ) ਉਹੀ ਕੁਝ ਹੁੰਦਾ ਹੈ ਜੋ ਉਹ ਪ੍ਰਭੂ ਕਰਦਾ ਹੈ।
30459	706	ਖਿਨ ਮਹਿ ਥਾਪਿ ਉਥਾਪਦਾ ਤਿਸੁ ਬਿਨੁ ਨਹੀ ਕੋਈ॥		Khin Mehi Thhaap Outhhaapadhaa This Bin Nehee Koee ||	In an instant, He establishes and disestablishes; without Him, there is no other.	ਇਕ ਪਲਕ ਵਿਚ (ਜੀਵਾਂ ਨੂੰ) ਪੈਦਾ ਕਰ ਕੇ ਨਾਸ ਕਰ ਦੇਂਦਾ ਹੈ, ਉਸ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ ਹੈ।
30460	706	ਖੰਡ ਬ੍ਰਹਮੰਡ ਪਾਤਾਲ ਦੀਪ ਰਵਿਆ ਸਭ ਲੋਈ॥	(ਲੋਈ) ਜੋਤ ਸਰੂਪ	Khandd Brehamandd Paathaal Dheep Raviaa Sabh Loee ||	He pervades the continents, solar systems, nether worlds, islands and all worlds.	ਸਭ ਦੇਸਾਂ ਵਿਚ, ਸਾਰੇ ਬ੍ਰਹਮੰਡ ਵਿਚ, ਹੇਠਲੀ ਧਰਤੀ, ਜਜ਼ੀਰਿਆਂ ਵਿਚ, ਸਾਰੇ ਹੀ ਜਗਤ ਵਿਚ ਉਹ ਪ੍ਰਭੂ ਵਿਆਪਕ ਹੈ।
30461	706	ਜਿਸੁ ਆਪਿ ਬੁਝਾਏ ਸੋ ਬੁਝਸੀ ਨਿਰਮਲ ਜਨੁ ਸੋਈ॥੧॥	ਬੁੱਝਾਏ ਬੁੱਝਸੀ	Jis Aap Bujhaaeae So Bujhasee Niramal Jan Soee ||1||	He alone understands, whom the Lord Himself instructs; he alone is a pure and unstained being. ||1||	ਜਿਸ ਮਨੁੱਖ ਨੂੰ (ਇਹ) ਸਮਝ ਆਪ ਪ੍ਰਭੂ ਦੇਂਦਾ ਹੈ, ਉਸ ਨੂੰ ਸਮਝ ਪੈਂਦੀ ਹੈ ਤੇ ਉਹ ਮਨੁੱਖ ਪਵਿਤ੍ਰ ਹੋ ਜਾਂਦਾ ਹੈ ॥੧॥
30462	706	ਸਲੋਕ॥		Salok ||	Shalok:	
30463	706	ਰਚੰਤਿ ਜੀਅ ਰਚਨਾ ਮਾਤ ਗਰਭ ਅਸਥਾਪਨੰ॥		Rachanth Jeea Rachanaa Maath Garabh Asathhaapanan ||	Creating the soul, the Lord places this creation in the womb of the mother.	ਜੋ ਪਰਮਾਤਮਾ ਜੀਵਾਂ ਦੀ ਬਣਤਰ ਬਣਾਉਂਦਾ ਹੈ ਤੇ ਉਹਨਾਂ ਨੂੰ ਮਾਂ ਦੇ ਪੇਟ ਵਿਚ ਥਾਂ ਦੇਂਦਾ ਹੈ,

30464	706	ਸਾਸਿ ਸਾਸਿ ਸਿਮਰੰਤਿ ਨਾਨਕ ਮਹਾ ਅਗਨਿ ਨ ਬਿਨਾਸਨੰ॥੧॥		Saas Saas Simaranth Naanak Mehaa Agan N Binaasanan ||1||	With each and every breath, it meditates in remembrance on the Lord, O Nanak; it is not consumed by the great fire. ||1||	ਹੇ ਨਾਨਕ! ਜੀਵ ਉਸ ਨੂੰ ਹਰੇਕ ਸਾਹ ਦੇ ਨਾਲ ਨਾਲ ਯਾਦ ਕਰਦੇ ਰਹਿੰਦੇ ਹਨ ਤੇ (ਮਾਂ ਦੇ ਪੇਟ ਦੀ) ਵੱਡੀ (ਭਿਆਨਕ) ਅੱਗ ਉਹਨਾਂ ਦਾ ਨਾਸ ਨਹੀਂ ਕਰ ਸਕਦੀ ॥੧॥
30465	706	ਮੁਖੁ ਤਲੈ ਪੈਰ ਉਪਰੇ ਵਸੰਦੋ ਕੁਹਥੜੈ ਥਾਇ॥	(ਕੁਹ-ਥੜੈ) ਭੈੜੀ ਤੰਗ (ਕੁਹ-ਥੜੈ) ਕਸੂਤੀ (ਥਾਇ) ਜਗ੍ਹਾ। ਤਲੈ:ਪੋਲਾ ਬੋਲੋ। ਉੱਪਰੇ	Mukh Thalai Pair Ouparae Vasandho Kuhathharrai Thhaae ||	With its head down, and feet up, it dwells in that slimy place.	(ਹੇ ਭਾਈ!) ਜਦੋਂ ਤੇਰਾ ਮੂੰਹ ਹੇਠਾਂ ਨੂੰ ਸੀ, ਪੈਰ ਉਤਾਂਹ ਨੂੰ ਸਨ, ਬੜੇ ਔਖੇ ਥਾਂ ਤੂੰ ਵੱਸਦਾ ਸੈਂ,
30466	706	ਨਾਨਕ ਸੋ ਧਣੀ ਕਿਉ ਵਿਸਾਰਿਓ ਉਧਰਹਿ ਜਿਸ ਦੈ ਨਾਇ॥੨॥		Naanak So Dhhanee Kio Visaariou Oudhharehi Jis Dhai Naae ||2||	O Nanak, how could we forget the Master? Through His Name, we are saved. ||2||	ਹੇ ਨਾਨਕ! (ਆਖ-) ਤਦੋਂ ਜਿਸ ਪ੍ਰਭੂ ਦੇ ਨਾਮ ਦੀ ਬਰਕਤਿ ਨਾਲ ਤੂੰ ਬਚਿਆ ਰਿਹਾ, ਹੁਣ ਉਸ ਮਾਲਕ ਨੂੰ ਤੂੰ ਕਿਉਂ ਭੁਲਾ ਦਿੱਤਾ? ॥੨॥
30467	706	ਪਉੜੀ॥	(ਨਿੰਮਿਆ) ਜੰਮਿਆ। (ਮਝਾਰਿ) ਵਿੱਚ। ਉਦ-ਰ	Pourree ||	Pauree:	
30468	706	ਰਕਤੁ ਬਿੰਦੁ ਕਰਿ ਨਿੰਮਿਆ ਅਗਨਿ ਉਦਰ ਮਝਾਰਿ॥		Rakath Bindh Kar Ninmiaa Agan Oudhar Majhaar ||	From egg and sperm, you were conceived, and placed in the fire of the womb.	(ਹੇ ਜੀਵ!) (ਮਾਂ ਦੀ) ਰੱਤ ਤੇ (ਪਿਉ ਦੇ) ਵੀਰਜ ਤੋਂ (ਮਾਂ ਦੇ) ਪੇਟ ਦੀ ਅੱਗ ਵਿਚ ਤੂੰ ਉੱਗਿਆ।

30469	706	ਉਰਧ ਮੁਖੁ ਕੁਚੀਲ ਬਿਕਲੁ ਨਰਕਿ ਘੋਰਿ ਗੁਬਾਰਿ॥	(ਉਰਧ) ਉਲਟਾ। (ਕੁਚੀਲ) ਗੰਦਾ। (ਬਿਕਲੁ) ਡਰਾਉਣਾ	Ouradhh Mukh Kucheel Bikal Narak Ghor Gubaar ||	Head downwards, you abided restlessly in that dark, dismal, terrible hell.	ਤੇਰਾ ਮੂੰਹ ਹੇਠਾਂ ਨੂੰ ਸੀ, ਗੰਦਾ ਤੇ ਡਰਾਉਣਾ ਸੈਂ, (ਮਾਨੋ) ਇਕ ਹਨੇਰੇ ਘੋਰ ਨਰਕ ਵਿਚ ਪਿਆ ਹੋਇਆ ਸੈਂ।
30470	706	ਹਰਿ ਸਿਮਰਤ ਤੂ ਨਾ ਜਲਹਿ ਮਨਿ ਤਨਿ ਉਰ ਧਾਰਿ॥		Har Simarath Thoo Naa Jalehi Man Than Our Dhhaar ||	Remembering the Lord in meditation, you were not burnt; enshrine Him in your heart, mind and body.	ਜਿਸ ਪ੍ਰਭੂ ਨੂੰ ਸਿਮਰ ਕੇ ਤੂੰ ਨਹੀਂ ਸੈਂ ਸੜਦਾ-ਉਸ ਨੂੰ (ਹੁਣ ਭੀ) ਮਨੋਂ ਤਨੋਂ ਹਿਰਦੇ ਵਿਚ ਯਾਦ ਕਰ।
30471	706	ਬਿਖਮ ਥਾਨਹੁ ਜਿਨਿ ਰਖਿਆ ਤਿਸੁ ਤਿਲੁ ਨ ਵਿਸਾਰਿ॥		Bikham Thhaanahu Jin Rakhiaa This Thil N Visaar ||	In that treacherous place, He protected and preserved you; do not forget Him, even for an instant.	ਜਿਸ ਪ੍ਰਭੂ ਨੇ ਤੈਨੂੰ ਔਖੇ ਥਾਂ ਤੋਂ ਬਚਾਇਆ, ਉਸ ਨੂੰ ਰਤਾ ਭੀ ਨਾਹ ਭੁਲਾ।
30472	706	ਪ੍ਰਭ ਬਿਸਰਤ ਸੁਖੁ ਕਦੇ ਨਾਹਿ ਜਾਸਹਿ ਜਨਮੁ ਹਾਰਿ॥੨॥		Prabh Bisarath Sukh Kadhae Naahi Jaasehi Janam Haar ||2||	Forgetting God, you shall never find peace; you shall forfeit your life, and depart. ||2||	ਪ੍ਰਭੂ ਨੂੰ ਭੁਲਾਇਆਂ ਕਦੇ ਸੁਖ ਨਹੀਂ ਹੁੰਦਾ, (ਜੇ ਭੁਲਾਇੰਗਾ ਤਾਂ) ਮਨੁੱਖਾ ਜਨਮ (ਦੀ ਬਾਜ਼ੀ) ਹਾਰ ਕੇ ਜਾਵੇਂਗਾ ॥੨॥
30473	706	ਸਲੋਕ॥		Salok ||	Shalok:	

30474	706	ਮਨ ਇਛਾ ਦਾਨ ਕਰਣੰ ਸਰਬਤ੍ਰ ਆਸਾ ਪੂਰਨਹ॥		Man Eishhaa Dhaan Karanan Sarabathr Aasaa Pooraneh ||	He grants our hearts' desires, and fulfills all our hopes.	ਹੇ ਨਾਨਕ! ਜੋ ਪ੍ਰਭੂ ਅਸਾਨੂੰ ਮਨ-ਮੰਨੀਆਂ ਦਾਤਾਂ ਦੇਂਦਾ ਹੈ ਜੋ ਸਭ ਥਾਂ (ਸਭ ਜੀਵਾਂ ਦੀਆਂ) ਆਸਾਂ ਪੂਰੀਆਂ ਕਰਦਾ ਹੈ,
30475	706	ਖੰਡਣੰ ਕਲਿ ਕਲੇਸਹ ਪ੍ਰਭ ਸਿਮਰਿ ਨਾਨਕ ਨਹ ਦੂਰਣਹ॥੧॥	(ਖੰਡਣੰ) ਨਾਸ ਕਰਨ ਵਾਲੇ	Khanddanan Kal Kalaeseh Prabh Simar Naanak Neh Dhooraneh ||1||	He destroys pain and suffering; remember God in meditation, O Nanak - He is not far away. ||1||	ਜੋ ਅਸਾਡੇ ਝਗੜੇ ਤੇ ਕਲੇਸ਼ ਨਾਸ ਕਰਨ ਵਾਲਾ ਹੈ ਉਸ ਨੂੰ ਯਾਦ ਕਰ, ਉਹ ਤੈਥੋਂ ਦੂਰ ਨਹੀਂ ਹੈ ॥੧॥
30476	706	ਹਭਿ ਰੰਗ ਮਾਣਹਿ ਜਿਸੁ ਸੰਗਿ ਤੈ ਸਿਉ ਲਾਈਐ ਨੇਹੁ॥	(ਹਭਿ) ਸਭ	Habh Rang Maanehi Jis Sang Thai Sio Laaeeai Naehu ||	Love Him, with whom you enjoy all pleasures.	ਜਿਸ ਪ੍ਰਭੂ ਦੀ ਬਰਕਤਿ ਨਾਲ ਤੂੰ ਸਾਰੀਆਂ ਮੌਜਾਂ ਮਾਣਦਾ ਹੈਂ, ਉਸ ਨਾਲ ਪ੍ਰੀਤ ਜੋੜ।
30477	706	ਸੋ ਸਹੁ ਬਿੰਦ ਨ ਵਿਸਰਉ ਨਾਨਕ ਜਿਨਿ ਸੁੰਦਰੁ ਰਚਿਆ ਦੇਹੁ॥੨॥		So Sahu Bindh N Visaro Naanak Jin Sundhar Rachiaa Dhaehu ||2||	Do not forget that Lord, even for an instant; O Nanak, He fashioned this beautiful body. ||2||	ਜਿਸ ਪ੍ਰਭੂ ਨੇ ਤੇਰਾ ਸੋਹਣਾ ਸਰੀਰ ਬਣਾਇਆ ਹੈ, ਹੇ ਨਾਨਕ! ਰੱਬ ਕਰ ਕੇ ਉਹ ਤੈਨੂੰ ਕਦੇ ਭੀ ਨਾਹ ਭੁੱਲੇ ॥੨॥
30478	706	ਪਉੜੀ॥		Pourree ||	Pauree:	
30479	706	ਜੀਉ ਪ੍ਰਾਨ ਤਨੁ ਧਨੁ ਦੀਆ ਦੀਨੇ ਰਸ ਭੋਗ॥		Jeeo Praan Than Dhhan Dheeaa Dheenae Ras Bhog ||	He gave you your soul, breath of life, body and wealth; He gave you pleasures to enjoy.	(ਪ੍ਰਭੂ ਨੇ ਤੈਨੂੰ) ਜਿੰਦ ਪ੍ਰਾਣ ਸਰੀਰ ਤੇ ਧਨ ਦਿੱਤਾ ਤੇ ਸੁਆਦਲੇ ਪਦਾਰਥ ਭੋਗਣ ਨੂੰ ਦਿੱਤੇ।

30480	706	ਗ੍ਰਿਹ ਮੰਦਰ ਰਥ ਅਸੁ ਦੀਏ ਰਚਿ ਭਲੇ ਸੰਜੋਗ॥		Grih Mandhar Rathh As Dheeeae Rach Bhalae Sanjog ||	He gave you households, mansions, chariots and horses; He ordained your good destiny.	ਤੇਰੇ ਚੰਗੇ ਭਾਗ ਬਣਾ ਕੇ, ਤੈਨੂੰ ਉਸ ਨੇ ਘਰ ਸੋਹਣੇ ਮਕਾਨ, ਰਥ ਤੇ ਘੋੜੇ ਦਿੱਤੇ।
30481	706	ਸੁਤ ਬਨਿਤਾ ਸਾਜਨ ਸੇਵਕ ਦੀਏ ਪ੍ਰਭ ਦੇਵਨ ਜੋਗ॥		Suth Banithaa Saajan Saevak Dheeeae Prabh Dhaevan Jog ||	He gave you your children, spouse, friends and servants; God is the all-powerful Great Giver.	ਸਭ ਕੁਝ ਦੇਣ-ਜੋਗੇ ਪ੍ਰਭੂ ਨੇ ਤੈਨੂੰ ਪੁੱਤਰ, ਵਹੁਟੀ ਮਿੱਤ੍ਰ ਤੇ ਨੌਕਰ ਦਿੱਤੇ।
30482	706	ਹਰਿ ਸਿਮਰਤ ਤਨੁ ਮਨੁ ਹਰਿਆ ਲਹਿ ਜਾਹਿ ਵਿਜੋਗ॥		Har Simarath Than Man Hariaa Lehi Jaahi Vijog ||	Meditating in remembrance on the Lord, the body and mind are rejuvenated, and sorrow departs.	ਉਸ ਪ੍ਰਭੂ ਨੂੰ ਸਿਮਰਿਆਂ ਮਨ ਤਨ ਖਿੜਿਆ ਰਹਿੰਦਾ ਹੈ, ਸਾਰੇ ਦੁੱਖ ਮਿਟ ਜਾਂਦੇ ਹਨ।
30483	706	ਸਾਧਸੰਗਿ ਹਰਿ ਗੁਣ ਰਮਹੁ ਬਿਨਸੇ ਸਭਿ ਰੋਗ॥੩॥		Saadhhasang Har Gun Ramahu Binasae Sabh Rog ||3||	In the Saadh Sangat, the Company of the Holy, chant the Praises of the Lord, and all your sickness shall vanish. ||3||	(ਹੇ ਭਾਈ!) ਸਤਸੰਗ ਵਿਚ ਉਸ ਹਰੀ ਦੇ ਗੁਣ ਚੇਤੇ ਕਰਿਆ ਕਰੋ, ਸਾਰੇ ਰੋਗ (ਉਸ ਨੂੰ ਸਿਮਰਿਆਂ) ਨਾਸ ਹੋ ਜਾਂਦੇ ਹਨ ॥੩॥
30484	706	ਸਲੋਕ॥		Salok ||	Shalok:	

30485	706	ਕੁਟੰਬ ਜਤਨ ਕਰਣੰ ਮਾਇਆ ਅਨੇਕ ਉਦਮਹ॥	ਕੁ-ਟੰਬ। ਉੱਦਮਹ	Kuttanb Jathan Karanan Maaeiaa Anaek Oudhameh ||	For his family, he works very hard; for the sake of Maya, he makes countless efforts.	ਮਨੁੱਖ ਆਪਣੇ ਟੱਬਰ ਵਾਸਤੇ ਕਈ ਕੋਸ਼ਿਸ਼ਾਂ ਕਰਦੇ ਹਨ, ਮਾਇਆ ਦੀ ਖ਼ਾਤਰ ਅਨੇਕਾਂ ਆਹਰ ਕਰਦੇ ਹਨ,
30486	706	ਹਰਿ ਭਗਤਿ ਭਾਵ ਹੀਣੰ ਨਾਨਕ ਪ੍ਰਭ ਬਿਸਰਤ ਤੇ ਪ੍ਰੇਤਤਹ॥੧॥	ਪ੍ਰੇਤ-ਤਹ	Har Bhagath Bhaav Heenan Naanak Prabh Bisarath Thae Praethatheh ||1||	But without loving devotional worship of the Lord, O Nanak, he forgets God, and then, he is a mere ghost. ||1||	ਪਰ ਪ੍ਰਭੂ ਦੀ ਭਗਤੀ ਦੀ ਤਾਂਘ ਤੋਂ ਸੱਖਣੇ ਰਹਿੰਦੇ ਹਨ, ਤੇ ਹੇ ਨਾਨਕ! ਜੋ ਜੀਵ ਪ੍ਰਭੂ ਨੂੰ ਵਿਸਾਰਦੇ ਹਨ ਉਹ (ਮਾਨੋ) ਜਿੰਨ ਭੂਤ ਹਨ ॥੧॥
30487	706	ਤੁਟੜੀਆ ਸਾ ਪ੍ਰੀਤਿ ਜੋ ਲਾਈ ਬਿਅੰਨ ਸਿਉ॥	(ਬਿਅੰਨ)ਦੂਜਿਆਂ	Thuttarreeaa Saa Preeth Jo Laaee Biann Sio ||	That love shall break, which is established with any other than the Lord.	ਜੇਹੜੀ ਪ੍ਰੀਤ (ਪ੍ਰਭੂ ਤੋਂ ਬਿਨਾ) ਕਿਸੇ ਹੋਰ ਨਾਲ ਲਾਈਦੀ ਹੈ, ਉਹ ਆਖ਼ਰ ਟੁੱਟ ਜਾਂਦੀ ਹੈ।
30488	706	ਨਾਨਕ ਸਚੀ ਰੀਤਿ ਸਾਂਈ ਸੇਤੀ ਰਤਿਆ॥੨॥		Naanak Sachee Reeth Saanee Saethee Rathiaa ||2||	O Nanak, that way of life is true, which inspires love of the Lord. ||2||	ਪਰ, ਹੇ ਨਾਨਕ! ਜੇ ਸਾਈਂ ਪ੍ਰਭੂ ਨਾਲ ਰੱਤੇ ਰਹੀਏ, ਤਾਂ ਇਹੋ ਜਿਹੀ ਜੀਵਨ-ਜੁਗਤਿ ਸਦਾ ਕਾਇਮ ਰਹਿੰਦੀ ਹੈ ॥੨॥
30489	706	ਪਉੜੀ॥		Pourree ||	Pauree:	
30490	706	ਜਿਸੁ ਬਿਸਰਤ ਤਨੁ ਭਸਮ ਹੋਇ ਕਹਤੇ ਸਭਿ ਪ੍ਰੇਤੁ॥		Jis Bisarath Than Bhasam Hoe Kehathae Sabh Praeth ||	Forgetting Him, one's body turns to dust, and everyone calls him a ghost.	ਜਿਸ ਜਿੰਦ ਦੇ ਵਿਛੁੜਨ ਨਾਲ (ਮਨੁੱਖ ਦਾ) ਸਰੀਰ ਸੁਆਹ ਹੋ ਜਾਂਦਾ ਹੈ, ਸਾਰੇ ਲੋਕ (ਉਸ ਸਰੀਰ) ਨੂੰ ਅਪਵਿੱਤ੍ਰ ਆਖਣ ਲੱਗ ਪੈਂਦੇ ਹਨ;

30491	706	ਖਿਨੁ ਗ੍ਰਿਹ ਮਹਿ ਬਸਨ ਨ ਦੇਵਹੀ ਜਿਨ ਸਿਉ ਸੋਈ ਹੇਤੁ॥		Khin Grih Mehi Basan N Dhaevehee Jin Sio Soee Haeth ||	And those, with whom he was so much in love - they do not let him stay in their home, even for an instant.	ਜਿਨ੍ਹਾਂ ਸਨਬੰਧੀਆਂ ਨਾਲ ਇਤਨਾ ਪਿਆਰ ਹੁੰਦਾ ਹੈ, ਉਹ ਇਕ ਪਲਕ ਲਈ ਭੀ ਘਰ ਵਿਚ ਰਹਿਣ ਨਹੀਂ ਦੇਂਦੇ।
30492	706	ਕਰਿ ਅਨਰਥ ਦਰਬੁ ਸੰਚਿਆ ਸੋ ਕਾਰਜਿ ਕੇਤੁ॥	(ਦਰਬੁ) ਧਨ। ਅ-ਨਰਥ	Kar Anarathh Dharab Sanchiaa So Kaaraj Kaeth ||	Practicing exploitation, he gathers wealth, but what use will it be in the end?	ਪਾਪ ਕਰ ਕਰ ਕੇ ਧਨ ਇਕੱਠਾ ਕਰਦਾ ਰਿਹਾ, ਪਰ ਉਸ ਜਿੰਦ ਦੇ ਕਿਸੇ ਕੰਮ ਨਾਹ ਆਇਆ।
30493	706	ਜੈਸਾ ਬੀਜੈ ਸੋ ਲੁਣੈ ਕਰਮ ਇਹੁ ਖੇਤੁ॥	(ਲੁਣੈ) ਵੱਢਦਾ	Jaisaa Beejai So Lunai Karam Eihu Khaeth ||	As one plants, so does he harvest; the body is the field of actions.	ਇਹ ਸਰੀਰ (ਕੀਤੇ) ਕਰਮਾਂ ਦੀ (ਮਾਨੋ) ਪੈਲੀ ਹੈ (ਇਸ ਵਿਚ) ਜਿਹੋ ਜਿਹਾ (ਕਰਮ-ਰੂਪ ਬੀਜ ਕੋਈ) ਬੀਜਦਾ ਹੈ ਉਹੀ ਵੱਢਦਾ ਹੈ।
30494	706	ਅਕਿਰਤਘਣਾ ਹਰਿ ਵਿਸਰਿਆ ਜੋਨੀ ਭਰਮੇਤੁ॥੪॥	ਅ-ਕਿਰਤਘਣਾ	Akirathaghanaa Har Visariaa Jonee Bharamaeth ||4||	The ungrateful wretches forget the Lord, and wander in reincarnation. ||4||	ਜੇ ਮਨੁੱਖ (ਪ੍ਰਭੂ ਦੇ) ਕੀਤੇ (ਉਪਕਾਰਾਂ) ਨੂੰ ਭੁਲਾਉਂਦੇ ਹਨ ਉਹ ਉਸ ਨੂੰ ਵਿਸਾਰ ਦੇਂਦੇ ਹਨ (ਆਖ਼ਰ) ਜੂਨਾਂ ਵਿਚ ਭਟਕਦੇ ਹਨ ॥੪॥
30495	706	ਸਲੋਕ॥	(ਸੋਧਨ)ਸੁੱਚਮ। ਪਵਿੱਤ੍ਰ-ਤਹ। (੨. ਸੋਧ ਨ)	Salok ||	Shalok:	

30496	706	ਕੋਟਿ ਦਾਨ ਇਸਨਾਨੰ ਅਨਿਕ ਸੋਧਨ ਪਵਿਤ੍ਰਤਹ॥		Kott Dhaan Eisanaanan Anik Sodhhan Pavithratheh ||	The benefits of millions of charitable donations and cleansing baths, and countless ceremonies of purification and piety,	ਉਹਨਾਂ ਨੇ (ਮਾਨੋ) ਕ੍ਰੋੜਾਂ (ਰੁਪਏ) ਦਾਨ ਕਰ ਲਏ, ਕ੍ਰੋੜਾਂ ਵਾਰੀ ਤੀਰਥ-ਇਸ਼ਨਾਨ ਕਰ ਲਏ ਹਨ ਤੇ ਅਨੇਕਾਂ ਹੀ ਸੁੱਚ ਤੇ ਪਵਿਤ੍ਰਤਾ ਦੇ ਸਾਧਨ ਕਰ ਲਏ ਹਨ,
30497	706	ਉਚਰੰਤਿ ਨਾਨਕ ਹਰਿ ਹਰਿ ਰਸਨਾ ਸਰਬ ਪਾਪ ਬਿਮੁਚਤੇ॥੧॥	(ਬਿ-ਮੁੱਚਤੇ) ਨਾਸ ਹੁੰਦੇ। ਉੱਚ-ਰੰਤਿ	Oucharanth Naanak Har Har Rasanaa Sarab Paap Bimuchathae ||1||	O Nanak, are obtained by chanting the Name of the Lord, Har, Har with one's tongue; all sins are washed away. ||1||	ਹੇ ਨਾਨਕ! ਜੋ ਮਨੁੱਖ ਜੀਭ ਨਾਲ ਪ੍ਰਭੂ ਦਾ ਨਾਮ ਉਚਾਰਦੇ ਹਨ। ਉਨ੍ਹਾਂ ਦੇ ਸਾਰੇ ਪਾਪ ਨਾਸ ਹੋ ਜਾਂਦੇ ਹਨ ॥੧॥
30498	706	ਈਧਣੁ ਕੀਤੋਮੂ ਘਣਾ ਭੋਰੀ ਦਿਤੀਮੁ ਭਾਹਿ॥	(ਈਧਣੁ) ਲੱਕੜਾਂ। (ਕੀਤੋ-ਮੂ)ਇਕੱਠੀਆਂ ਕੀਤੀਆਂ। (ਘਣਾ)ਬਹੁਤੀਆਂ। (ਭੋਰੀ) ਥੋੜ੍ਹੀ। (ਦਿਤੀ-ਮੁ) ਦਿਤੀ। (ਭਾਹਿ)ਅਗਨੀ	Eedhhan Keethomoo Ghanaa Bhoree Dhitheem Bhaahi ||	I gathered together a great stack of firewood, and applied a tiny flame to light it.	ਮੈਂ ਬਹੁਤ ਸਾਰਾ ਬਾਲਣ ਇਕੱਠਾ ਕੀਤਾ ਤੇ ਉਸ ਨੂੰ ਰਤਾ ਕੁ ਅੱਗ ਲਾ ਦਿੱਤੀ। (ਉਹ ਸਾਰਾ ਹੀ ਬਾਲਣ ਸੜ ਕੇ ਸੁਆਹ ਹੋ ਗਿਆ, ਇਸੇ ਤਰ੍ਹਾਂ)
30499	707	ਮਨਿ ਵਸੰਦੜੋ ਸਚੁ ਸਹੁ ਨਾਨਕ ਹਭੇ ਡੁਖੜੇ ਉਲਾਹਿ॥੨॥	(ਹੱਭੇ) ਸਭ। ਡੁੱਖੜੇ	Man Vasandharro Sach Sahu Naanak Habhae Ddukharrae Oulaahi ||2||	When the True Lord and Master abides in one's mind, O Nanak, all sins are dispelled. ||2||	ਹੇ ਨਾਨਕ! ਜੇ ਮਨ ਵਿਚ ਸੱਚਾ ਸਾਂਈ ਵੱਸ ਪਏ ਤਾਂ ਸਾਰੇ ਕੋਝੇ ਦੁੱਖ ਲਹਿ ਜਾਂਦੇ ਹਨ ॥੨॥

30500	707	ਪਉੜੀ॥		Pourree ||	Pauree:	
30501	707	ਕੋਟਿ ਅਘਾ ਸਭਿ ਨਾਸ ਹੋਹਿ ਸਿਮਰਤ ਹਰਿ ਨਾਉ॥	(ਅਘਾ) ਪਾਪ	Kott Aghaa Sabh Naas Hohi Simarath Har Naao ||	Millions of sins are totally erased, by meditating on the Lord's Name.	ਪ੍ਰਭੂ ਦਾ ਨਾਮ ਸਿਮਰਿਆਂ ਕ੍ਰੋੜਾਂ ਪਾਪ ਸਾਰੇ ਦੇ ਸਾਰੇ ਨਾਸ ਹੋ ਜਾਂਦੇ ਹਨ।
30502	707	ਮਨ ਚਿੰਦੇ ਫਲ ਪਾਈਅਹਿ ਹਰਿ ਕੇ ਗੁਣ ਗਾਉ॥	ਪਾਈ-ਅਹਿ	Man Chindhae Fal Paaeeahi Har Kae Gun Gaao ||	The fruits of one's heart's desires are obtained, by singing the Glorious Praises of the Lord.	ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤਿਆਂ ਮਨ-ਇੱਛਤ ਫਲ ਪਾਈਦੇ ਹਨ।
30503	707	ਜਨਮ ਮਰਣ ਭੈ ਕਟੀਅਹਿ ਨਿਹਚਲ ਸਚੁ ਥਾਉ॥	ਕੱਟੀ-ਅਹਿ	Janam Maran Bhai Katteeahi Nihachal Sach Thhaao ||	The fear of birth and death is eradicated, and one's eternal, unchanging true home is obtained.	ਜੰਮਣ ਤੋਂ ਮਰਣ ਤਕ ਦੇ ਸਾਰੇ ਸਹਿਮ ਕੱਟੇ ਜਾਂਦੇ ਹਨ ਤੇ ਅਟੱਲ ਸੱਚੀ ਪਦਵੀ ਮਿਲ ਜਾਂਦੀ ਹੈ।
30504	707	ਪੂਰਬਿ ਹੋਵੈ ਲਿਖਿਆ ਹਰਿ ਚਰਣ ਸਮਾਉ॥		Poorab Hovai Likhiaa Har Charan Samaao ||	If it is so pre-ordained, one is absorbed in the Lord's lotus feet.	(ਪਰ) ਪ੍ਰਭੂ ਦੇ ਚਰਨਾਂ ਵਿਚ ਸਮਾਈ ਤਾਂ ਹੀ ਹੁੰਦੀ ਹੈ ਜੇ ਧੁਰੋਂ ਮੱਥੇ ਤੇ ਭਾਗ ਲਿਖਿਆ ਹੋਵੇ।
30505	707	ਕਰਿ ਕਿਰਪਾ ਪ੍ਰਭ ਰਾਖਿ ਲੇਹੁ ਨਾਨਕ ਬਲਿ ਜਾਉ॥੫॥		Kar Kirapaa Prabh Raakh Laehu Naanak Bal Jaao ||5||	Bless me with Your mercy, God - please preserve and save me! Nanak is a sacrifice to You. ||5||	(ਇਸ ਵਾਸਤੇ) ਹੇ ਨਾਨਕ! (ਪ੍ਰਭੂ ਅੱਗੇ ਅਰਦਾਸ ਕਰ ਕਿ) ਹੇ ਪ੍ਰਭੂ! ਮੇਹਰ ਕਰ, ਮੈਨੂੰ (ਪਾਪਾਂ ਤੋਂ) ਬਚਾ ਲੈ, ਮੈਂ ਤੈਥੋਂ ਕੁਰਬਾਨ ਹਾਂ ॥੫॥

30506	707	ਸਲੋਕ॥		Salok ||	Shalok:	
30507	707	ਗ੍ਰਿਹ ਰਚਨਾ ਅਪਾਰੰ ਮਨਿ ਬਿਲਾਸ ਸੁਆਦੰ ਰਸਹ॥	(ਬਿਲਾਸ) ਖੁਸ਼ੀਆਂ	Grih Rachanaa Apaaran Man Bilaas Suaadhan Raseh ||	They are involved in their beautiful houses, and the pleasures of the mind's desires.	ਘਰ ਦੀਆਂ ਬੇਅੰਤ ਸਜਾਵਟਾਂ, ਮਨ ਵਿਚ ਚਾਉ ਮਲ੍ਹਾਰ, ਸੁਆਦਲੇ ਪਦਾਰਥਾਂ ਦੇ ਚਸਕੇ- (ਇਹਨਾਂ ਵਿਚ ਲੱਗ ਕੇ)
30508	707	ਕਦਾਂਚ ਨਹ ਸਿਮਰੰਤਿ ਨਾਨਕ ਤੇ ਜੰਤ ਬਿਸਟਾ ਕ੍ਰਿਮਹ॥੧॥	(ਕਦਾਂਚ) ਕਦੇ ਭੀ	Kadhaanch Neh Simaranth Naanak Thae Janth Bisattaa Kirameh ||1||	They never remember the Lord in meditation; O Nanak, they are like maggots in manure. ||1||	ਹੇ ਨਾਨਕ! ਜੋ ਮਨੁੱਖ ਕਦੇ ਪਰਮਾਤਮਾ ਨੂੰ ਯਾਦ ਨਹੀਂ ਕਰਦੇ, ਉਹ (ਮਾਨੋ) ਵਿਸ਼ਟੇ ਦੇ ਕੀੜੇ ਹਨ ॥੧॥
30509	707	ਮੁਚੁ ਅਡੰਬਰੁ ਹਭੁ ਕਿਹੁ ਮੰਝਿ ਮੁਹਬਤਿ ਨੇਹ॥	(ਮੁਚੁ)ਬਹੁਤੀ। ਲੀਲਾ ਭਵਨ ਮਾਇਕੀ (ਅਡੰਬਰੁ) ਬਨਾਵਟ। ਮੁ-ਹੱਬਤਿ	Much Addanbar Habh Kihu Manjh Muhabath Naeh ||	They are engrossed in ostentatious displays, lovingly attached to all their possessions.	ਬੜੀ ਸਜ-ਧਜ ਹੋਵੇ, ਹਰੇਕ ਸ਼ੈ (ਮਿਲੀ) ਹੋਵੇ, ਹਿਰਦੇ ਵਿਚ (ਇਹਨਾਂ ਦੁਨੀਆਵੀ ਪਦਾਰਥਾਂ ਦੀ) ਮੁਹੱਬਤਿ ਤੇ ਖਿੱਚ ਹੋਵੇ- ਇਹਨਾਂ ਦੇ ਕਾਰਨ,
30510	707	ਸੋ ਸਾਂਈ ਜੈਂ ਵਿਸਰੈ ਨਾਨਕ ਸੋ ਤਨੁ ਖੇਹ॥੨॥		So Saanee Jain Visarai Naanak So Than Khaeh ||2||	That body which forgets the Lord, O Nanak, shall be reduced to ashes. ||2||	ਹੇ ਨਾਨਕ! ਜਿਸ ਨੂੰ ਸਾਈਂ (ਦੀ ਯਾਦ) ਭੁੱਲ ਗਈ ਹੈ ਉਹ ਸਰੀਰ (ਮਾਨੋ) ਸੁਆਹ (ਹੀ) ਹੈ ॥੨॥
30511	707	ਪਉੜੀ॥		Pourree ||	Pauree:	

30512	707	ਸੁੰਦਰ ਸੇਜ ਅਨੇਕ ਸੁਖ ਰਸ ਭੋਗਣ ਪੂਰੇ॥		Sundhar Saej Anaek Sukh Ras Bhogan Poorae ||	He may enjoy a beautiful bed, countless pleasures and all sorts of enjoyments.	ਜੇ ਸੋਹਣੀ ਸੇਜ ਮਿਲੀ ਹੋਵੇ, ਅਨੇਕਾਂ ਸੁਖ ਹੋਣ, ਸਭ ਕਿਸਮ ਦੇ ਸੁਆਦਲੇ ਭੋਗ ਭੋਗਣ ਨੂੰ ਹੋਣ।
30513	707	ਗ੍ਰਿਹ ਸੋਇਨ ਚੰਦਨ ਸੁਗੰਧ ਲਾਇ ਮੋਤੀ ਹੀਰੇ॥		Grih Soein Chandhan Sugandhh Laae Mothee Heerae ||	He may possess mansions of gold, studded with pearls and rubies, plastered with fragrant sandalwood oil.	ਜੇ ਮੋਤੀ ਹੀਰਿਆਂ ਨਾਲ ਜੁੜੇ ਹੋਏ ਸੋਨੇ ਦੇ ਘਰ ਹੋਣ ਜਿਨ੍ਹਾਂ ਵਿਚ ਚੰਦਨ ਦੀ ਸੁਗੰਧੀ ਹੋਵੇ।
30514	707	ਮਨ ਇਛੇ ਸੁਖ ਮਾਣਦਾ ਕਿਛੁ ਨਾਹਿ ਵਿਸੂਰੇ॥	(ਵਿਸੂਰੇ) ਫ਼ਿਕਰ	Man Eishhae Sukh Maanadhaa Kishh Naahi Visoorae ||	He may relish in the pleasures of his mind's desires, and have no anxiety at all.	ਜੇ ਮਨੁੱਖ ਮਨ-ਮੰਨੀਆਂ ਮੌਜਾਂ ਮਾਣਦਾ ਹੋਵੇ, ਤੇ ਕੋਈ ਚਿੰਤਾ ਝੌਰਾ ਨਾਹ ਹੋਵੇ,
30515	707	ਸੋ ਪ੍ਰਭੁ ਚਿਤਿ ਨ ਆਵਈ ਵਿਸਟਾ ਕੇ ਕੀਰੇ॥		So Prabh Chith N Aavee Visattaa Kae Keerae ||	But if he does not remember God, he is like a maggot in manure.	(ਪਰ ਇਹ ਸਭ ਕੁਝ ਹੁੰਦਿਆਂ) ਜੇ (ਇਹ ਦਾਤਾਂ ਦੇਣ ਵਾਲਾ) ਉਹ ਪ੍ਰਭੂ ਮਨ ਵਿਚ ਯਾਦ ਨਹੀਂ ਹੈ ਤਾਂ (ਇਹ ਭੋਗ ਭੋਗਣ ਵਾਲਿਆਂ ਨੂੰ) ਗੰਦ ਦੇ ਕੀੜੇ ਜਾਣੋ,
30516	707	ਬਿਨੁ ਹਰਿ ਨਾਮ ਨ ਸਾਂਤਿ ਹੋਇ ਕਿਤੁ ਬਿਧਿ ਮਨੁ ਧੀਰੇ॥੬॥		Bin Har Naam N Saanth Hoe Kith Bidhh Man Dhheerae ||6||	Without the Lord's Name, there is no peace at all. How can the mind be comforted? ||6||	(ਕਿਉਂਕਿ) ਪ੍ਰਭੂ ਦੇ ਨਾਮ ਤੋਂ ਬਿਨਾ ਸ਼ਾਂਤੀ ਨਹੀਂ ਮਿਲਦੀ, ਹੋਰ ਕਿਸੇ ਤਰ੍ਹਾਂ ਭੀ ਮਨ ਧੀਰਜ ਨਹੀਂ ਫੜਦਾ ॥੬॥
30517	707	ਸਲੋਕ॥		Salok ||	Shalok:	

30518	707	ਚਰਨਕਮਲ ਬਿਰਹੰ ਖੋਜੰਤ ਬੈਰਾਗੀ ਦਹ ਦਿਸਹ॥	(ਬਿਰਹੰ) ਪ੍ਰੇਮੀ	Charan Kamal Birehan Khojanth Bairaagee Dheh Dhiseh ||	One who loves the Lord's lotus feet searches for Him in the ten directions.	ਹੇ ਨਾਨਕ! ਪ੍ਰਭੂ ਦਾ ਪ੍ਰੇਮੀ ਪ੍ਰਭੂ ਦੇ ਸੋਹਣੇ ਚਰਨਾਂ ਨਾਲ ਜੁੜਨ ਦੀ ਖਿੱਚ ਵਿਚ ਦਸੀਂ ਪਾਸੀਂ ਭੌਂਦਾ ਹੈ,
30519	707	ਤਿਆਗੰਤ ਕਪਟ ਰੂਪ ਮਾਇਆ ਨਾਨਕ ਆਨੰਦ ਰੂਪ ਸਾਧਸੰਗਮਹ॥੧॥		Thiaaganth Kapatt Roop Maaeiaa Naanak Aanandh Roop Saadhh Sangameh ||1||	He renounces the deceptive illusion of Maya, and joins the blissful form of the Saadh Sangat, the Company of the Holy. ||1||	ਛਲ-ਰੂਪ ਮਾਇਆ (ਦਾ ਖਹਿੜਾ) ਛੱਡਦਾ ਹੈ ਤੇ (ਭਾਲਦਿਆਂ ਭਾਲਦਿਆਂ ਉਸ ਨੂੰ) ਆਨੰਦ-ਰੂਪ ਸਾਧ ਸੰਗਤਿ ਪ੍ਰਾਪਤ ਹੁੰਦੀ ਹੈ (ਜਿਥੇ ਉਸ ਨੂੰ ਪ੍ਰਭੂ ਦੀ ਸਿਫ਼ਤਿ-ਸਾਲਾਹ ਸੁਣਨ ਦਾ ਅਵਸਰ ਮਿਲਦਾ ਹੈ) ॥੧॥
30520	707	ਮਨਿ ਸਾਂਈ ਮੁਖਿ ਉਚਰਾ ਵਤਾ ਹਭੇ ਲੋਅ॥	(ਵੱਤਾ) ਫਿਰਾਂ। (ਹੱਭੇ) ਸਾਰੇ। (ਲੋਅ)ਲੋਕਾਂ ਚ। ਉੱਚਰਾਂ	Man Saanee Mukh Oucharaa Vathaa Habhae Loa ||	The Lord is in my mind, and with my mouth I chant His Name; I seek Him in all the lands of the world.	ਮੇਰੇ ਮਨ ਵਿਚ ਸਾਂਈ (ਦੀ ਯਾਦ) ਹੈ, ਮੈਂ ਮੂੰਹੋਂ ਉਸ ਦਾ ਨਾਮ ਉਚਾਰਦਾ ਹਾਂ ਤੇ ਸਾਰੇ ਜਗਤ ਵਿਚ ਚੱਕਰ ਲਾਉਂਦਾ ਹਾਂ (ਕਿ ਕਿਤੇ ਉਸ ਦੀ ਸਿਫ਼ਤਿ-ਸਾਲਾਹ ਸੁਣ ਸਕਾਂ)
30521	707	ਨਾਨਕ ਹਭਿ ਅਡੰਬਰ ਕੂੜਿਆ ਸੁਣਿ ਜੀਵਾ ਸਚੀ ਸੋਇ॥੨॥		Naanak Habh Addanbar Koorriaa Sun Jeevaa Sachee Soe ||2||	O Nanak, all ostentatious displays are false; hearing the Praises of the True Lord, I live. ||2||	ਹੇ ਨਾਨਕ! (ਜਗਤ ਵਾਲੇ) ਸਾਰੇ ਵਿਖਾਵੇ ਮੈਨੂੰ ਨਾਸਵੰਤ ਦਿੱਸ ਰਹੇ ਹਨ। ਉਸ ਦੀ ਸਦਾ-ਥਿਰ ਰਹਿਣ ਵਾਲੀ ਸੋਭਾ ਸੁਣ ਕੇ ਮੈਂ ਜੀਉ ਪੈਂਦਾ ਹਾਂ ॥੨॥
30522	707	ਪਉੜੀ॥		Pourree ||	Pauree:	

30523	707	ਬਸਤਾ ਤੂਟੀ ਝੁੰਪੜੀ ਚੀਰ ਸਭਿ ਛਿੰਨਾ॥	(ਚੀਰ) ਕੱਪੜੇ। (ਛਿੰਨਾ) ਪਾਟੇ	Basathaa Thoottee Jhunparree Cheer Sabh Shhinnaa ||	He dwells in a broken-down shack, in tattered clothes,	ਜੇ ਕੋਈ ਮਨੁੱਖ ਟੁੱਟੀ ਹੋਈ ਕੁੱਲੀ ਵਿਚ ਰਹਿੰਦਾ ਹੋਵੇ, ਉਸ ਦੇ ਕੱਪੜੇ ਸਾਰੇ ਪਾਟੇ ਹੋਏ ਹੋਣ,
30524	707	ਜਾਤਿ ਨ ਪਤਿ ਨ ਆਦਰੋ ਉਦਿਆਨ ਭ੍ਰਮਿੰਨਾ॥	(ਉਦਿਆਨ) ਉਜਾੜ	Jaath N Path N Aadharo Oudhiaan Bhraminnaa ||	With no social status, no honor and no respect; he wanders in the wilderness,	ਨਾਹ ਉਸ ਦੀ ਉੱਚੀ ਜਾਤਿ ਹੋਵੇ, ਨਾਹ ਕੋਈ ਇੱਜ਼ਤ ਆਦਰ ਕਰਦਾ ਹੋਵੇ, ਤੇ ਉਹ ਉਜਾੜ ਵਿਚ ਭਟਕਦਾ ਹੋਵੇ (ਭਾਵ, ਕਿਤੇ ਇੱਜ਼ਤ ਆਦਰ ਨਾਹ ਹੋਣ ਕਰਕੇ ਉਸ ਦੇ ਭਾ ਦੀ ਹਰ ਪਾਸੇ ਉਜਾੜ ਹੀ ਹੋਵੇ)।
30525	707	ਮਿਤ੍ਰ ਨ ਇਠ ਧਨ ਰੂਪ ਹੀਣ ਕਿਛੁ ਸਾਕੁ ਨ ਸਿੰਨਾ॥	(ਇਠ)ਪਿਆਰੇ। (ਸਿੰਨਾ)ਸੈਨਾ। (ਸਿੰਨਾ) ਸਨਿਗਧ ਸਾਕੁ ਉਸ ਤ ਭਿੱਜਣ ਵਾਲੇ	Mithr N Eith Dhhan Roopeheen Kishh Saak N Sinnaa ||	With no friend or lover, without wealth, beauty, relatives or relations.	ਕੋਈ ਉਸ ਦਾ ਮਿਤ੍ਰ ਪਿਆਰਾ ਨਾਹ ਹੋਵੇ, ਨਾਹ ਧਨ ਹੀ ਹੋਵੇ, ਨਾਹ ਰੂਪ ਹੀ ਹੋਵੇ, ਤੇ ਕੋਈ ਸਾਕ ਸੈਣ ਭੀ ਨਾਹ ਹੋਵੇ,
30526	707	ਰਾਜਾ ਸਗਲੀ ਸ੍ਰਿਸਟਿ ਕਾ ਹਰਿ ਨਾਮਿ ਮਨੁ ਭਿੰਨਾ॥		Raajaa Sagalee Srisatt Kaa Har Naam Man Bhinnaa ||	Even so, he is the king of the whole world, if his mind is imbued with the Lord's Name.	(ਅਜੇਹਾ ਨਿਥਾਵਾਂ ਹੁੰਦਿਆਂ ਭੀ) ਜੇ ਉਸ ਦਾ ਮਨ ਪ੍ਰਭੂ ਦੇ ਨਾਮ ਵਿਚ ਭਿੱਜਾ ਹੋਇਆ ਹੈ ਤਾਂ ਉਸ ਨੂੰ ਸਾਰੀ ਧਰਤੀ ਦਾ ਰਾਜਾ ਸਮਝੋ।

30527	707	ਤਿਸ ਕੀ ਧੂੜਿ ਮਨੁ ਉਧਰੈ ਪ੍ਰਭੁ ਹੋਇ ਸੁਪ੍ਰਸੰਨਾ॥੭॥	ਸੁਪ੍ਰਸੰਨ	This Kee Dhhoorr Man Oudhharai Prabh Hoe Suprasannaa ||7||	With the dust of his feet, men are redeemed, because God is very pleased with him. ||7||	ਉਸ ਮਨੁੱਖ ਦੇ ਚਰਨਾਂ ਦੀ ਧੂੜੀ ਲੈ ਕੇ ਮਨ ਵਿਕਾਰਾਂ ਤੋਂ ਬਚਦਾ ਹੈ ਅਤੇ ਪਰਮਾਤਮਾ ਪਰਸੰਨ ਹੁੰਦਾ ਹੈ ॥੭॥
30528	707	ਸਲੋਕ॥		Salok ||	Shalok:	
30529	707	ਅਨਿਕ ਲੀਲਾ ਰਾਜ ਰਸ ਰੂਪੰ ਛਤ੍ਰ ਚਮਰ ਤਖਤ ਆਸਨੰ॥	(ਚਮਰ) ਚਉਰ	Anik Leelaa Raaj Ras Roopan Shhathr Chamar Thakhath Aasanan ||	The various sorts of pleasures, powers, joys, beauty, canopies, cooling fans and thrones to sit on	ਅਨੇਕਾਂ ਚੋਜ ਤਮਾਸ਼ੇ, ਰਾਜ ਦੀਆਂ ਮੌਜਾਂ, ਸੁੰਦਰਤਾ, (ਸਿਰ ਤੇ) ਛਤਰ ਚਉਰ, ਤੇ ਬੈਠਣ ਨੂੰ ਸ਼ਾਹੀ ਤਖ਼ਤ-
30530	707	ਰਚੰਤਿ ਮੂੜ ਅਗਿਆਨ ਅੰਧਹ ਨਾਨਕ ਸੁਪਨ ਮਨੋਰਥ ਮਾਇਆ॥੧॥		Rachanth Moorr Agiaan Andhheh Naanak Supan Manorathh Maaeiaa ||1||	- the foolish, ignorant and blind are engrossed in these things. O Nanak, desire for Maya is just a dream. ||1||	ਇਹਨਾਂ ਪਦਾਰਥਾਂ ਵਿਚ, ਹੇ ਨਾਨਕ! ਅੰਨ੍ਹੇ ਮੂਰਖ ਅਗਿਆਨੀ ਬੰਦੇ ਹੀ ਮਸਤ ਹੁੰਦੇ ਹਨ, ਮਾਇਆ ਦੇ ਇਹ ਕੌਤਕ ਤਾਂ ਸੁਪਨੇ ਦੀਆਂ ਚੀਜ਼ਾਂ (ਸਮਾਨ) ਹਨ ॥੧॥
30531	707	ਸੁਪਨੈ ਹਭਿ ਰੰਗ ਮਾਣਿਆ ਮਿਠਾ ਲਗੜਾ ਮੋਹੁ॥		Supanai Habh Rang Maaniaa Mithaa Lagarraa Mohu ||	In a dream, he enjoys all sorts of pleasures, and emotional attachment seems so sweet.	(ਇਹ ਇਉਂ ਹੈ ਜਿਵੇਂ) ਸੁਪਨੇ ਵਿਚ ਸਾਰੀਆਂ ਮੌਜਾਂ ਮਾਣੀਆਂ, ਉਹਨਾਂ ਦੇ ਮੋਹ ਨੇ ਖਿੱਚ ਪਾ ਲਈ (ਪਰ ਜਦੋਂ ਜਾਗ ਆਈ ਤਾਂ ਪੱਲੇ ਕੁਝ ਭੀ ਨਾਹ ਰਿਹਾ)

30532	707	ਨਾਨਕ ਨਾਮ ਵਿਹੂਣੀਆ ਸੁੰਦਰਿ ਮਾਇਆ ਧ੍ਰੋਹੁ॥੨॥	(ਧ੍ਰੋਹੁ) ਧੋਖਾ	Naanak Naam Vihooneeaa Sundhar Maaeiaa Dhhrohu ||2||	O Nanak, without the Naam, the Name of the Lord, the beauty of Maya's illusion is fake. ||2||	ਹੇ ਨਾਨਕ! ਜੇ ਪ੍ਰਭੂ ਦੇ ਨਾਮ ਤੋਂ ਵਾਂਜੇ ਰਹੇ ਤਾਂ ਸੋਹਣੀ ਮਾਇਆ ਧੋਖਾ ਹੀ ਹੈ ॥੨॥
30533	707	ਪਉੜੀ॥		Pourree ||	Pauree:	
30534	707	ਸੁਪਨੇ ਸੇਤੀ ਚਿਤੁ ਮੂਰਖਿ ਲਾਇਆ॥		Supanae Saethee Chith Moorakh Laaeiaa ||	The fool attaches his consciousness to the dream.	ਮੂਰਖ ਮਨੁੱਖ ਨੇ ਸੁਪਨੇ ਨਾਲ ਪਿਆਰ ਪਾਇਆ ਹੋਇਆ ਹੈ।
30535	707	ਬਿਸਰੇ ਰਾਜ ਰਸ ਭੋਗ ਜਾਗਤ ਭਖਲਾਇਆ॥	(ਭਖਲਾਇਆ)ਭਟਕਿਆ	Bisarae Raaj Ras Bhog Jaagath Bhakhalaaeiaa ||	When he awakes, he forgets the power, pleasures and enjoyments, and he is sad.	ਇਸ ਰਾਜ ਤੇ ਰਸਾਂ ਦੇ ਭੋਗਾਂ ਵਿਚ ਪ੍ਰਭੂ ਨੂੰ ਵਿਸਾਰ ਕੇ ਜਾਗਦਾ ਹੀ ਬਰੜਾ ਰਿਹਾ ਹੈ।
30536	707	ਆਰਜਾ ਗਈ ਵਿਹਾਇ ਧੰਧੈ ਧਾਇਆ॥		Aarajaa Gee Vihaae Dhhandhhai Dhhaaeiaa ||	He passes his life chasing after worldly affairs.	ਦੁਨੀਆ ਦੇ ਧੰਧੇ ਵਿਚ ਭਟਕਦੇ ਦੀ ਸਾਰੀ ਹੀ ਉਮਰ ਬੀਤ ਜਾਂਦੀ ਹੈ,
30537	707	ਪੂਰਨ ਭਏ ਨ ਕਾਮ ਮੋਹਿਆ ਮਾਇਆ॥		Pooran Bheae N Kaam Mohiaa Maaeiaa ||	His works are not completed, because he is enticed by Maya.	ਪਰ ਮਾਇਆ ਵਿਚ ਮੋਹੇ ਹੋਏ ਦੇ ਕੰਮ ਮੁੱਕਣ ਵਿਚ ਨਹੀਂ ਆਉਂਦੇ।
30538	707	ਕਿਆ ਵੇਚਾਰਾ ਜੰਤੁ ਜਾ ਆਪਿ ਭੁਲਾਇਆ॥੮॥		Kiaa Vaechaaraa Janth Jaa Aap Bhulaaeiaa ||8||	What can the poor helpless creature do? The Lord Himself has deluded him. ||8||	ਵਿਚਾਰੇ ਜੀਵ ਦੇ ਭੀ ਕੀ ਵੱਸ? ਉਸ ਪ੍ਰਭੂ ਨੇ ਆਪ ਹੀ ਇਸ ਨੂੰ ਭੁਲੇਖੇ ਵਿਚ ਪਾਇਆ ਹੋਇਆ ਹੈ ॥੮॥

30539	707	ਸਲੋਕ॥		Salok ||	Shalok:	
30540	707	ਬਸੰਤਿ ਸ੍ਵਰਗ ਲੋਕਹ ਜਿਤਤੇ ਪ੍ਰਿਥਵੀ ਨਵ ਖੰਡਣਹ॥	(ਬਸੰਤਿ) ਵਸਦੇ ਹੋਣ। (ਜਿਤਤੇ) ਜਿੱਤਿਆ	Basanth Svarag Lokeh Jithathae Prithhavee Nav Khanddaneh ||	They may live in heavenly realms, and conquer the nine regions of the world,	ਜੇ ਸੁਰਗ ਵਰਗੇ ਦੇਸ ਵਿਚ ਵੱਸਦੇ ਹੋਣ, ਜੇ ਸਾਰੀ ਧਰਤੀ ਨੂੰ ਜਿੱਤ ਲੈਣ,
30541	707	ਬਿਸਰੰਤ ਹਰਿ ਗੋਪਾਲਹ ਨਾਨਕ ਤੇ ਪ੍ਰਾਣੀ ਉਦਿਆਨ ਭਰਮਣਹ॥੧॥	(ਉਦਿਆਨ)ਉਜਾੜ	Bisaranth Har Gopaaleh Naanak Thae Praanee Oudhiaan Bharamaneh ||1||	But if they forget the Lord of the world, O Nanak, they are just wanderers in the wilderness. ||1||	ਪਰ, ਹੇ ਨਾਨਕ! ਜੇ ਜਗਤ ਦੇ ਰੱਖਕ ਪ੍ਰਭੂ ਨੂੰ ਵਿਸਾਰ ਦੇਣ, ਤਾਂ ਉਹ ਮਨੁੱਖ (ਮਾਨੋ) ਜੰਗਲ ਵਿਚ ਭਟਕ ਰਹੇ ਹਨ ॥੧॥
30542	707	ਕਉਤਕ ਕੋਡ ਤਮਾਸਿਆ ਚਿਤਿ ਨ ਆਵਸੁ ਨਾਉ॥	(ਕੋਡ) ਕ੍ਰੋੜਾਂ	Kouthak Kodd Thamaasiaa Chith N Aavas Naao ||	In the midst of millions of games and entertainments, the Lord's Name does not come to their minds.	ਜਗਤ ਦੇ ਕ੍ਰੋੜਾਂ ਚੋਜ ਤਮਾਸ਼ਿਆਂ ਦੇ ਕਾਰਨ ਜੇ ਪ੍ਰਭੂ ਦਾ ਨਾਮ ਚਿੱਤ ਵਿਚ (ਯਾਦ) ਨਾਹ ਰਹੇ,
30543	707	ਨਾਨਕ ਕੋੜੀ ਨਰਕ ਬਰਾਬਰੇ ਉਜੜੁ ਸੋਈ ਥਾਉ॥੨॥	(ਕੋੜੀ) ਵੀਹਨਰਕਾਂ, ਕ੍ਰੋੜਾਂ, ਕੁਸ਼ਟੀ। (ਬਰਾਬਰੇ) ਤੁੱਲ ਦੁੱਖ ਪਾਉਂਦਾ ਹੈ। ਉੱਜੜੁ	Naanak Korree Narak Baraabarae Oujarr Soee Thhaao ||2||	O Nanak, their home is like a wilderness, in the depths of hell. ||2||	ਤਾਂ ਹੇ ਨਾਨਕ! ਉਹ ਥਾਂ ਉਜਾੜ ਸਮਝੋ, ਉਹ ਥਾਂ ਭਿਆਨਕ ਨਰਕ ਦੇ ਬਰਾਬਰ ਹੈ ॥੨॥
30544	707	ਪਉੜੀ॥		Pourree ||	Pauree:	

30545	707	ਮਹਾ ਭਇਆਨ ਉਦਿਆਨ ਨਗਰ ਕਰਿ ਮਾਨਿਆ॥		Mehaa Bhaeiaan Oudhiaan Nagar Kar Maaniaa ||	He sees the terrible, awful wilderness as a city.	ਬੜੇ ਡਰਾਉਣੇ ਜੰਗਲ ਨੂੰ ਜੀਵਾਂ ਨੇ ਸ਼ਹਿਰ ਕਰ ਕੇ ਮੰਨ ਲਿਆ ਹੈ,
30546	707	ਝੂਠ ਸਮਗ੍ਰੀ ਪੇਖਿ ਸਚੁ ਕਰਿ ਜਾਨਿਆ॥	ਸਮੱਗ੍ਰੀ	Jhooth Samagree Paekh Sach Kar Jaaniaa ||	Gazing upon the false objects, he believes them to be real.	ਇਹਨਾਂ ਨਾਸਵੰਤ ਪਦਾਰਥਾਂ ਨੂੰ ਵੇਖ ਕੇ ਸਦਾ ਟਿਕੇ ਰਹਿਣ ਵਾਲੇ ਸਮਝ ਲਿਆ ਹੈ।
30547	708	ਕਾਮ ਕ੍ਰੋਧਿ ਅਹੰਕਾਰਿ ਫਿਰਹਿ ਦੇਵਾਨਿਆ॥		Kaam Krodhh Ahankaar Firehi Dhaevaaniaa ||	Engrossed in sexual desire, anger and egotism, he wanders around insane.	(ਇਸ ਵਾਸਤੇ ਇਹਨਾਂ ਦੀ ਖ਼ਾਤਰ) ਕਾਮ ਵਿਚ ਕ੍ਰੋਧ ਵਿਚ ਅਹੰਕਾਰ ਵਿਚ ਝੱਲੇ ਹੋਏ ਫਿਰਦੇ ਹਨ,
30548	708	ਸਿਰਿ ਲਗਾ ਜਮ ਡੰਡੁ ਤਾ ਪਛੁਤਾਨਿਆ॥		Sir Lagaa Jam Ddandd Thaa Pashhuthaaniaa ||	When the Messenger of Death hits him on the head with his club, then he regrets and repents.	ਜਦੋਂ ਮੌਤ ਦਾ ਡੰਡਾ ਸਿਰ ਤੇ ਆ ਵੱਜਦਾ ਹੈ, ਤਦੋਂ ਪਛੁਤਾਉਂਦੇ ਹਨ।
30549	708	ਬਿਨੁ ਪੂਰੇ ਗੁਰਦੇਵ ਫਿਰੈ ਸੈਤਾਨਿਆ॥੯॥		Bin Poorae Guradhaev Firai Saithaaniaa ||9||	Without the Perfect, Divine Guru, he roams around like Satan. ||9||	(ਹੇ ਭਾਈ! ਮਨੁੱਖ) ਪੂਰੇ ਗੁਰੂ ਦੀ ਸਰਨ ਤੋਂ ਬਿਨਾ ਸ਼ੈਤਾਨ ਵਾਂਗ ਫਿਰਦਾ ਹੈ ॥੯॥
30550	708	ਸਲੋਕ॥		Salok ||	Shalok:	

30551	708	ਰਾਜ ਕਪਟੰ ਰੂਪ ਕਪਟੰ ਧਨ ਕਪਟੰ ਕੁਲ ਗਰਬਤਹ॥	(ਕਪਟੰ) ਛਲ। (ਗਰਬ-ਤਹ) ਮਾਣ	Raaj Kapattan Roop Kapattan Dhhan Kapattan Kul Garabatheh ||	Power is fraudulent, beauty is fraudulent, and wealth is fraudulent, as is pride of ancestry.	ਹੇ ਨਾਨਕ! ਇਹ ਰਾਜ ਰੂਪ ਧਨ ਤੇ (ਉੱਚੀ) ਕੁਲ ਦਾ ਮਾਣ-ਸਭ ਛਲ-ਰੂਪ ਹੈ।
30552	708	ਸੰਚੰਤਿ ਬਿਖਿਆ ਛਲੰ ਛਿਦ੍ਰੰ ਨਾਨਕ ਬਿਨੁ ਹਰਿ ਸੰਗਿ ਨ ਚਾਲਤੇ॥੧॥	(ਸੰਚੰਤਿ) ਇਕੱਤ੍ਰ। (ਬਿਖਿਆ) ਤਮਾਕੂ ਨਸ਼ੇ ਜ਼ਹਿਰ। (ਛਿਦ੍ਰੰ) ਦੋਸ਼	Sanchanth Bikhiaa Shhalan Shhidhran Naanak Bin Har Sang N Chaalathae ||1||	One may gather poison through deception and fraud, O Nanak, but without the Lord, nothing shall go along with him in the end. ||1||	ਜੀਵ ਛਲ ਕਰ ਕੇ ਦੂਜਿਆਂ ਤੇ ਦੂਸ਼ਣ ਲਾ ਲਾ ਕੇ (ਕਈ ਢੰਗਾਂ ਨਾਲ) ਮਾਇਆ ਜੋੜਦੇ ਹਨ, ਪਰ ਪ੍ਰਭੂ ਦੇ ਨਾਮ ਤੋਂ ਬਿਨਾ ਕੋਈ ਭੀ ਚੀਜ਼ ਏਥੋਂ ਨਾਲ ਨਹੀਂ ਜਾਂਦੀ ॥੧॥
30553	708	ਪੇਖੰਦੜੋ ਕੀ ਭੁਲੁ ਤੁੰਮਾ ਦਿਸਮੁ ਸੋਹਣਾ॥	(ਪੇਖੰਦੜੋ) ਦੇਖਣ ਨੂੰ	Paekhandharro Kee Bhul Thunmaa Dhisam Sohanaa ||	Beholding the bitter melon, he is deceived, since it appears so pretty	ਤੁੰਮਾ ਵੇਖਣ ਨੂੰ ਮੈਨੂੰ ਸੋਹਣਾ ਦਿੱਸਿਆ। ਕੀ ਇਹ ਉਕਾਈ ਲੱਗ ਗਈ?
30554	708	ਅਢੁ ਨ ਲਹਦੜੋ ਮੁਲੁ ਨਾਨਕ ਸਾਥਿ ਨ ਜੁਲਈ ਮਾਇਆ॥੨॥	(ਜੁਲਈ) ਜਾਂਦੀ। ਲਹਦ-ੜੋ	Adt N Lehandharro Mul Naanak Saathh N Julee Maaeiaa ||2||	But it is not worth even a shell, O Nanak; the riches of Maya will not go along with anyone. ||2||	ਇਸ ਦਾ ਤਾਂ ਅੱਧੀ ਕੌਡੀ ਭੀ ਮੁੱਲ ਨਹੀਂ ਮਿਲਦਾ। ਹੇ ਨਾਨਕ! (ਇਹੀ ਹਾਲ ਮਾਇਆ ਦਾ ਹੈ, ਜੀਵ ਦੇ ਭਾ ਦੀ ਤਾਂ ਇਹ ਭੀ ਕੌਡੀ ਮੁੱਲ ਦੀ ਨਹੀਂ ਹੁੰਦੀ ਕਿਉਂਕਿ ਏਥੋਂ ਤੁਰਨ ਵੇਲੇ) ਇਹ ਮਾਇਆ ਜੀਵ ਦੇ ਨਾਲ ਨਹੀਂ ਜਾਂਦੀ ॥੨॥
30555	708	ਪਉੜੀ॥		Pourree ||	Pauree:	

30556	708	ਚਲਦਿਆ ਨਾਲਿ ਨ ਚਲੈ ਸੋ ਕਿਉ ਸੰਜੀਐ॥	(ਸੰਜੀਐ) ਇਕੱਠੀ ਕਰੀਏ	Chaladhiaa Naal N Chalai So Kio Sanjeeai ||	It shall not go along with you when you depart - why do you bother to collect it?	ਉਸ ਮਾਇਆ ਨੂੰ ਇਕੱਠੀ ਕਰਨ ਦਾ ਕੀ ਲਾਭ, ਜੋ (ਜਗਤ ਤੋਂ ਤੁਰਨ ਵੇਲੇ) ਨਾਲ ਨਹੀਂ ਜਾਂਦੀ,
30557	708	ਤਿਸ ਕਾ ਕਹੁ ਕਿਆ ਜਤਨੁ ਜਿਸ ਤੇ ਵੰਜੀਐ॥	(ਵੰਜੀਐ) ਵਿੱਛੁੜ ਜਾਣਾ	This Kaa Kahu Kiaa Jathan Jis Thae Vanjeeai ||	Tell me, why do you try so hard to acquire that which you must leave behind in the end?	ਜਿਸ ਤੋਂ ਆਖ਼ਰ ਵਿਛੁੜ ਹੀ ਜਾਣਾ ਹੈ, ਉਸ ਦੀ ਖ਼ਾਤਰ ਦੱਸੋ ਕੀਹ ਜਤਨ ਕਰਨਾ ਹੋਇਆ?
30558	708	ਹਰਿ ਬਿਸਰਿਐ ਕਿਉ ਤ੍ਰਿਪਤਾਵੈ ਨਾ ਮਨੁ ਰੰਜੀਐ॥	(ਰੰਜੀਐ) ਪ੍ਰਸੰਨ	Har Bisariai Kio Thripathaavai Naa Man Ranjeeai ||	Forgetting the Lord, how can you be satisfied? Your mind cannot be pleased.	ਪ੍ਰਭੂ ਨੂੰ ਵਿਸਾਰਿਆਂ (ਨਿਰੀ ਮਾਇਆ ਨਾਲ) ਰੱਜੀਦਾ ਭੀ ਨਹੀਂ ਤੇ ਨਾਹ ਹੀ ਮਨ ਪ੍ਰਸੰਨ ਹੁੰਦਾ ਹੈ।
30559	708	ਪ੍ਰਭੂ ਛੋਡਿ ਅਨ ਲਾਗੈ ਨਰਕਿ ਸਮੰਜੀਐ॥	(ਸ-ਮੰਜੀਐ)ਸਮੌਂਦੇ ਹਨ	Prabhoo Shhodd An Laagai Narak Samanjeeai ||	One who forsakes God, and attaches himself to another, shall be immersed in hell.	ਪਰਮਾਤਮਾ ਨੂੰ ਛੱਡ ਕੇ ਜੇ ਮਨ ਹੋਰ ਪਾਸੇ ਲਗਾਇਆਂ ਨਰਕ ਵਿੱਚ ਸਮਾਈਦਾ ਹੈ।
30560	708	ਹੋਹੁ ਕ੍ਰਿਪਾਲ ਦਇਆਲ ਨਾਨਕ ਭਉ ਭੰਜੀਐ॥੧੦॥		Hohu Kirapaal Dhaeiaal Naanak Bho Bhanjeeai ||10||	Be kind and compassionate to Nanak, O Lord, and dispel his fear. ||10||	ਹੇ ਪ੍ਰਭੂ! ਕਿਰਪਾ ਕਰ, ਦਇਆ ਕਰ, ਨਾਨਕ ਦਾ ਸਹਿਮ ਦੂਰ ਕਰ ਦੇਹ ॥੧੦॥
30561	708	ਸਲੋਕ॥		Salok ||	Shalok:	

30562	708	ਨਚ ਰਾਜ ਸੁਖ ਮਿਸਟੰ ਨਚ ਭੋਗ ਰਸ ਮਿਸਟੰ ਨਚ ਮਿਸਟੰ ਸੁਖ ਮਾਇਆ॥	(ਨਚ) ਨਹੀਂ। (ਮਿਸਟੰ) ਮਿੱਠਾ।ਨਚ:ਪੋਲਾ ਬੋਲੋ	Nach Raaj Sukh Misattan Nach Bhog Ras Misattan Nach Misattan Sukh Maaeiaa ||	Princely pleasures are not sweet; sensual enjoyments are not sweet; the pleasures of Maya are not sweet.	ਨਾਹ ਹੀ ਰਾਜ ਦੇ ਸੁਖ, ਨਾਹ ਹੀ ਭੋਗਾਂ ਦੇ ਚਸਕੇ ਅਤੇ ਨਾਹ ਹੀ ਮਾਇਆ ਦੀਆਂ ਮੌਜਾਂ-ਇਹ ਕੋਈ ਭੀ ਸੁਆਦਲੇ ਨਹੀਂ ਹਨ,
30563	708	ਮਿਸਟੰ ਸਾਧਸੰਗਿ ਹਰਿ ਨਾਨਕ ਦਾਸ ਮਿਸਟੰ ਪ੍ਰਭ ਦਰਸਨੰ॥੧॥		Misattan Saadhhasang Har Naanak Dhaas Misattan Prabh Dharasanan ||1||	The Saadh Sangat, the Company of the Holy, is sweet, O slave Nanak; the Blessed Vision of God's Darshan is sweet. ||1||	ਹੇ ਨਾਨਕ! ਸਤਸੰਗ ਵਿਚੋਂ (ਮਿਲਿਆ) ਪ੍ਰਭੂ ਦਾ ਨਾਮ ਮਿੱਠਾ ਹੈ ਤੇ ਸੇਵਕਾਂ ਨੂੰ ਪ੍ਰਭੂ ਦਾ ਦੀਦਾਰ ਮਿੱਠਾ ਲੱਗਦਾ ਹੈ ॥੧॥
30564	708	ਲਗੜਾ ਸੋ ਨੇਹੁ ਮੰਨ ਮਝਾਹੂ ਰਤਿਆ॥	(ਮਝਾਹੂ) ਅੰਦਰੋਂ	Lagarraa So Naehu Mann Majhaahoo Rathiaa ||	I have enshrined that love which drenches my soul.	ਜਿਸ ਮਨੁੱਖ ਨੂੰ ਉਹ ਪਿਆਰ ਲੱਗ ਜਾਏ ਜਿਸ ਨਾਲ ਅੰਦਰੋਂ ਮਨ (ਪ੍ਰਭੂ ਦੇ ਨਾਲ) ਰੰਗਿਆ ਜਾਏ,
30565	708	ਵਿਧੜੋ ਸਚ ਥੋਕਿ ਨਾਨਕ ਮਿਠੜਾ ਸੋ ਧਣੀ॥੨॥	(ਵਿੱਧੜੋ)ਵਿੰਨ੍ਹਿਆਂ, ਅਭੇਦ। (ਥੋਕਿ) ਵਸਤੂ	Vidhharro Sach Thhok Naanak Mitharraa So Dhhanee ||2||	I have been pierced by the Truth, O Nanak; the Master seems so sweet to me. ||2||	ਤੇ ਜਿਸ ਦਾ ਮਨ ਸੱਚੇ ਨਾਮ-ਰੂਪ ਪਦਾਰਥ (ਭਾਵ, ਮੋਤੀ) ਨਾਲ ਪ੍ਰੋਤਾ ਜਾਏ, ਹੇ ਨਾਨਕ! ਉਸ ਮਨੁੱਖ ਨੂੰ ਮਾਲਕ ਪ੍ਰਭੂ ਪਿਆਰਾ ਲੱਗਦਾ ਹੈ ॥੨॥
30566	708	ਪਉੜੀ॥		Pourree ||	Pauree:	

30567	708	ਹਰਿ ਬਿਨੁ ਕਛੂ ਨ ਲਾਗਈ ਭਗਤਨ ਕਉ ਮੀਠਾ॥		Har Bin Kashhoo N Laagee Bhagathan Ko Meethaa ||	Nothing seems sweet to His devotees, except the Lord.	ਪਰਮਾਤਮਾ (ਦੇ ਨਾਮ) ਤੋਂ ਬਿਨਾ ਭਗਤਾਂ ਨੂੰ ਹੋਰ ਕੋਈ ਚੀਜ਼ ਮਿੱਠੀ ਨਹੀਂ ਲੱਗਦੀ।
30568	708	ਆਨ ਸੁਆਦ ਸਭਿ ਫੀਕਿਆ ਕਰਿ ਨਿਰਨਉ ਡੀਠਾ॥		Aan Suaadh Sabh Feekiaa Kar Nirano Ddeethaa ||	All other tastes are bland and insipid; I have tested them and seen them.	ਉਹਨਾਂ ਨੇ ਖੋਜ ਕੇ ਵੇਖ ਲਿਆ ਹੈ ਕਿ (ਨਾਮ ਤੋਂ ਬਿਨਾ) ਹੋਰ ਸਾਰੇ ਸੁਆਦ ਫਿੱਕੇ ਹਨ।
30569	708	ਅਗਿਆਨੁ ਭਰਮੁ ਦੁਖੁ ਕਟਿਆ ਗੁਰ ਭਏ ਬਸੀਠਾ॥	(ਬਸੀਠਾ) ਵਿਚੋਲਾ, ਵਕੀਲ	Agiaan Bharam Dhukh Kattiaa Gur Bheae Baseethaa ||	Ignorance, doubt and suffering are dispelled, when the Guru becomes one's advocate.	ਸਤਿਗੁਰੂ (ਉਹਨਾਂ ਵਾਸਤੇ) ਵਕੀਲ ਬਣਿਆ ਤੇ (ਪ੍ਰਭੂ ਨੂੰ ਮਿਲਣ ਕਰ ਕੇ ਉਹਨਾਂ ਦਾ) ਅਗਿਆਨ ਭਟਕਣਾ ਤੇ ਦੁੱਖ ਸਭ ਕੁਝ ਦੂਰ ਹੋ ਗਿਆ ਹੈ।
30570	708	ਚਰਨਕਮਲ ਮਨੁ ਬੇਧਿਆ ਜਿਉ ਰੰਗੁ ਮਜੀਠਾ॥		Charan Kamal Man Baedhhiaa Jio Rang Majeethaa ||	The Lord's lotus feet have pierced my mind, and I am dyed in the deep crimson color of His Love.	ਜਿਵੇਂ ਮਜੀਠ ਨਾਲ (ਕੱਪੜੇ ਤੇ ਪੱਕਾ) ਰੰਗ ਚੜ੍ਹਦਾ ਹੈ, ਤਿਵੇਂ ਉਹਨਾਂ ਦਾ ਮਨ ਪ੍ਰਭੂ ਦੇ ਸੋਹਣੇ ਚਰਨਾਂ ਵਿਚ (ਪੱਕੀ ਤਰ੍ਹਾਂ) ਵਿੱਝ ਜਾਂਦਾ ਹੈ।
30571	708	ਜੀਉ ਪ੍ਰਾਣ ਤਨੁ ਮਨੁ ਪ੍ਰਭੂ ਬਿਨਸੇ ਸਭਿ ਝੂਠਾ॥੧੧॥		Jeeo Praan Than Man Prabhoo Binasae Sabh Jhoothaa ||11||	My soul, breath of life, body and mind belong to God; all falsehood has left me. ||11||	ਪ੍ਰਭੂ ਹੀ ਉਹਨਾਂ ਦੀ ਜਿੰਦ ਪ੍ਰਾਣ ਹੈ ਤੇ ਤਨ ਮਨ ਹੈ, ਹੋਰ ਨਾਸਵੰਤ ਪਿਆਰ ਉਹਨਾਂ ਦੇ ਅੰਦਰੋਂ ਨਾਸ ਹੋ ਗਏ ਹਨ ॥੧੧॥
30572	708	ਸਲੋਕ॥		Salok ||	Shalok:	

30573	708	ਤਿਅਕਤ ਜਲੰ ਨਹ ਜੀਵ ਮੀਨੰ ਨਹ ਤਿਆਗਿ ਚਾਤ੍ਰਿਕ ਮੇਘ ਮੰਡਲਹ॥	(ਤਿਅਕਤ)ਤਿਆਗਦਿਆਂ। f ਤਅਕਤ:ਪੋਲਾ ਬੋਲੋ	Thiakath Jalan Neh Jeev Meenan Neh Thiaag Chaathrik Maegh Manddaleh ||	Leaving the water, the fish cannot live; the rainbird cannot live without the raindrops from the clouds.	ਪਾਣੀ ਨੂੰ ਛੱਡ ਕੇ ਮੱਛੀ ਜੀਊ ਨਹੀਂ ਸਕਦੀ, ਬੱਦਲਾਂ ਦੇ ਦੇਸ ਨੂੰ ਛੱਡ ਕੇ ਪਪੀਹਾ ਨਹੀਂ ਜੀਊ ਸਕਦਾ,
30574	708	ਬਾਣ ਬੇਧੰਚ ਕੁਰੰਕ ਨਾਦੰ ਅਲਿ ਬੰਧਨ ਕੁਸਮ ਬਾਸਨਹ॥	(ਬੇਧੰਚ) ਵਿੰਨ੍ਹਿਆ। (ਕੁਰੰਕ) ਹਰਨ। (ਅਲਿ) ਭੌਰਾ। (ਕੁਸਮ) ਫੁੱਲ	Baan Baedhhanch Kurank Naadhan Al Bandhhan Kusam Baasaneh ||	The deer is enticed by the sound of the hunter's bell, and shot through with the arrow; the bumble bee is entangled in the fragrance of the flowers.	ਹਰਨ ਰਾਗ ਦੇ ਤੀਰ ਨਾਲ ਵਿੰਨ੍ਹਿਆ ਜਾਂਦਾ ਹੈ ਤੇ ਫੁੱਲਾਂ ਦੀ ਸੁਗੰਧੀ ਭੌਰੇ ਦੇ ਬੱਝਣ ਦਾ ਕਾਰਨ ਬਣ ਜਾਂਦੀ ਹੈ।
30575	708	ਚਰਨਕਮਲ ਰਚੰਤਿ ਸੰਤਹ ਨਾਨਕ ਆਨ ਨ ਰੁਚਤੇ॥੧॥	(ਰੁਚਤੇ) ਇੱਛਾ	Charan Kamal Rachanth Santheh Naanak Aan N Ruchathae ||1||	The Saints are entranced by the Lord's lotus feet; O Nanak, they desire nothing else. ||1||	ਇਸੇ ਤਰ੍ਹਾਂ, ਹੇ ਨਾਨਕ! ਸੰਤ ਪ੍ਰਭੂ ਦੇ ਚਰਨ ਕਮਲਾਂ ਵਿਚ ਮਸਤ ਰਹਿੰਦੇ ਹਨ, ਪ੍ਰਭੂ-ਚਰਨਾਂ ਤੋਂ ਬਿਨਾ ਉਹਨਾਂ ਨੂੰ ਹੋਰ ਕੁਝ ਨਹੀਂ ਭਾਉਂਦਾ ॥੧॥
30576	708	ਮੁਖੁ ਡੇਖਾਊ ਪਲਕ ਛਡਿ ਆਨ ਨ ਡੇਊ ਚਿਤੁ॥	(ਡੇਖਾਊ) ਦਿਖਾਉ ਜੀ। (ਪਲਕ) ਨਿਮਖ ਮਾਤ੍ਰ। (ਡੇਊ)ਦੇਵਾਂਗਾ	Mukh Ddaekhaaoo Palak Shhadd Aan N Ddaeoo Chith ||	Show me Your face, for even an instant, Lord, and I will not give my consciousness to any other.	ਜੇ ਇਕ ਪਲਕ ਮਾਤ੍ਰ ਹੀ ਮੈਂ ਤੇਰਾ ਮੁਖ ਵੇਖ ਲਵਾਂ, ਤਾਂ ਤੈਨੂੰ ਛੱਡ ਕੇ ਮੈਂ ਕਿਸੇ ਹੋਰ ਪਾਸੇ ਚਿੱਤ (ਦੀ ਪ੍ਰੀਤ) ਨਾਹ ਜੋੜਾਂ।

30577	708	ਜੀਵਣ ਸੰਗਮੁ ਤਿਸੁ ਧਣੀ ਹਰਿ ਨਾਨਕ ਸੰਤਾਂ ਮਿਤੁ॥੨॥		Jeevan Sangam This Dhhanee Har Naanak Santhaan Mith ||2||	My life is with the Lord Master, O Nanak, the Friend of the Saints. ||2||	ਹੇ ਨਾਨਕ! ਜੀਊਣ ਦਾ ਜੋੜ ਉਸ ਮਾਲਕ-ਪ੍ਰਭੂ ਨਾਲ ਹੀ ਹੋ ਸਕਦਾ ਹੈ, ਉਹ ਪ੍ਰਭੂ ਸੰਤਾਂ ਦਾ ਮਿੱਤਰ ਹੈ ॥੨॥
30578	708	ਪਉੜੀ॥		Pourree ||	Pauree:	
30579	708	ਜਿਉ ਮਛੁਲੀ ਬਿਨੁ ਪਾਣੀਐ ਕਿਉ ਜੀਵਣੁ ਪਾਵੈ॥		Jio Mashhulee Bin Paaneeai Kio Jeevan Paavai ||	How can the fish live without water?	ਜਿਵੇਂ ਮੱਛੀ ਪਾਣੀ ਤੋਂ ਬਿਨਾ ਜੀਊ ਨਹੀਂ ਸਕਦੀ,
30580	708	ਬੂੰਦ ਵਿਹੂਣਾ ਚਾਤ੍ਰਿਕੋ ਕਿਉ ਕਰਿ ਤ੍ਰਿਪਤਾਵੈ॥		Boondh Vihoonaa Chaathriko Kio Kar Thripathaavai ||	Without the raindrops, how can the rainbird be satisfied?	ਜਿਵੇਂ ਮੀਂਹ ਦੀ ਕਣੀ ਤੋਂ ਬਿਨਾ ਪਪੀਹਾ ਰੱਜ ਨਹੀਂ ਸਕਦਾ,
30581	708	ਨਾਦ ਕੁਰੰਕਹਿ ਬੇਧਿਆ ਸਨਮੁਖ ਉਠਿ ਧਾਵੈ॥	(ਸਨਮੁਖ) ਸਾਹਮਣੇ	Naadh Kurankehi Baedhhiaa Sanamukh Outh Dhhaavai ||	The deer, entranced by the sound of the hunter's bell, runs straight to him;	ਜਿਵੇਂ, (ਘੰਡੇਹੇੜੇ ਦੀ) ਆਵਾਜ਼ ਹਰਨ ਨੂੰ ਮੋਹ ਲੈਂਦੀ ਹੈ, ਉਹ ਓਧਰ ਹੀ ਉੱਠ ਦੌੜਦਾ ਹੈ,
30582	708	ਭਵਰੁ ਲੋਭੀ ਕੁਸਮ ਬਾਸੁ ਕਾ ਮਿਲਿ ਆਪੁ ਬੰਧਾਵੈ॥		Bhavar Lobhee Kusam Baas Kaa Mil Aap Bandhhaavai ||	The bumble bee is greedy for the flower's fragrance; finding it, he traps himself in it.	ਜਿਵੇਂ, ਭੌਰਾ ਫੁੱਲ ਦੀ ਸੁਗੰਧੀ ਦਾ ਆਸ਼ਕ ਹੁੰਦਾ ਹੈ, (ਫੁੱਲ ਨਾਲ) ਮਿਲ ਕੇ ਆਪਣੇ ਆਪ ਨੂੰ ਫਸਾ ਲੈਂਦਾ ਹੈ।

30583	708	ਤਿਉ ਸੰਤ ਜਨਾ ਹਰਿ ਪ੍ਰੀਤਿ ਹੈ ਦੇਖਿ ਦਰਸੁ ਅਘਾਵੈ॥੧੨॥	(ਅਘਾਵੈ) ਰੱਜਦੇ	Thio Santh Janaa Har Preeth Hai Dhaekh Dharas Aghaavai ||12||	Just so, the humble Saints love the Lord; beholding the Blessed Vision of His Darshan, they are satisfied and satiated. ||12||	ਤਿਵੇਂ, ਸੰਤਾਂ ਨੂੰ ਪ੍ਰਭੂ ਨਾਲ ਪ੍ਰੇਮ ਹੁੰਦਾ ਹੈ, ਪ੍ਰਭੂ ਦਾ ਦੀਦਾਰ ਕਰ ਕੇ ਉਹ ਰੱਜ ਜਾਂਦੇ ਹਨ ॥੧੨॥
30584	708	ਸਲੋਕ॥		Salok ||	Shalok:	
30585	708	ਚਿਤਵੰਤਿ ਚਰਨਕਮਲੰ ਸਾਸਿ ਸਾਸਿ ਅਰਾਧਨਹ॥		Chithavanth Charan Kamalan Saas Saas Araadhhaneh ||	They contemplate the Lord's lotus feet; they worship and adore Him with each and every breath.	ਜੋ ਮਨੁੱਖ ਪ੍ਰਭੂ ਦੇ ਚਰਨ ਕਮਲਾਂ ਦਾ ਧਿਆਨ ਧਰਦੇ ਹਨ ਤੇ ਸੁਆਸ ਸੁਆਸ ਉਸ ਦਾ ਸਿਮਰਨ ਕਰਦੇ ਹਨ,
30586	708	ਨਹ ਬਿਸਰੰਤਿ ਨਾਮ ਅਚੁਤ ਨਾਨਕ ਆਸ ਪੂਰਨ ਪਰਮੇਸੁਰਹ॥੧॥	(ਅ-ਚੁੱਤ) ਨਾਸ ਰਹਿਤ	Neh Bisaranth Naam Achuth Naanak Aas Pooran Paramaesureh ||1||	They do not forget the Name of the imperishable Lord; O Nanak, the Transcendent Lord fulfills their hopes. ||1||	ਜੋ ਅਬਿਨਾਸੀ ਪ੍ਰਭੂ ਦਾ ਨਾਮ ਕਦੇ ਭੁਲਾਉਂਦੇ ਨਹੀਂ, ਹੇ ਨਾਨਕ! ਪਰਮੇਸਰ ਉਹਨਾਂ ਦੀਆਂ ਆਸਾਂ ਪੂਰੀਆਂ ਕਰਦਾ ਹੈ ॥੧॥
30587	708	ਸੀਤੜਾ ਮੰਨ ਮੰਝਾਹਿ ਪਲਕ ਨ ਥੀਵੈ ਬਾਹਰਾ॥	(ਮੰਝਾਹਿ) ਵਿੱਚ। (ਸੀੱਤੜਾ) ਜੋੜਿਆ। (ਥੀਵੈ) ਹੁੰਦਾ	Seetharraa Mann Manjhaahi Palak N Thheevai Baaharaa ||	He is woven into the fabric of my mind; He is not outside of it, even for an instant.	ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਪ੍ਰਭੂ (ਸਦਾ) ਪ੍ਰੋਤਾ ਰਹਿੰਦਾ ਹੈ, ਜਿਨ੍ਹਾਂ ਤੋਂ ਇਕ ਖਿਨ ਲਈ ਭੀ ਜੁਦਾ ਨਹੀਂ ਹੁੰਦਾ,

30588	708	ਨਾਨਕ ਆਸੜੀ ਨਿਬਾਹਿ ਸਦਾ ਪੇਖੰਦੋ ਸਚੁ ਧਣੀ॥੨॥		Naanak Aasarree Nibaahi Sadhaa Paekhandho Sach Dhhanee ||2||	O Nanak, the True Lord and Master fulfills my hopes, and always watches over me. ||2||	ਹੇ ਨਾਨਕ! ਉਹਨਾਂ ਦੀਆਂ ਉਹ ਸੱਚਾ ਮਾਲਕ ਆਸਾਂ ਪੂਰੀਆਂ ਕਰਦਾ ਹੈ ਤੇ ਸਦਾ ਉਹਨਾਂ ਦੀ ਸੰਭਾਲ ਕਰਦਾ ਹੈ ॥੨॥
30589	708	ਪਉੜੀ॥		Pourree ||	Pauree:	
30590	708	ਆਸਾਵੰਤੀ ਆਸ ਗੁਸਾਈ ਪੂਰੀਐ॥	(ਆਸਾਵੰਤੀ) ਆਸ ਵਾਲੀ ਜੀਵ ਇਸਤ੍ਰੀ। ਗੁਸਾਂਈਂ	Aasaavanthee Aas Gusaaee Pooreeai ||	My hopes rest in You, O Lord of the universe; please, fulfill them.	ਹੇ ਧਰਤੀ ਦੇ ਖਸਮ! ਮੈਂ ਆਸਵੰਤ ਦੀ ਆਸ ਪੂਰੀ ਕਰ,
30591	708	ਮਿਲਿ ਗੋਪਾਲ ਗੋਬਿੰਦ ਨ ਕਬਹੂ ਝੂਰੀਐ॥	(ਝੂਰੀਐ) ਪਛੁਤਾਈਏ	Mil Gopaal Gobindh N Kabehoo Jhooreeai ||	Meeting with the Lord of the world, the Lord of the universe, I shall never grieve.	ਹੇ ਧਰਤੀ ਦੇ ਰੱਖਕ! ਹੇ ਗੋਬਿੰਦ! ਮੈਨੂੰ ਮਿਲ, ਤਾਕਿ ਮੈਂ ਕਦੇ ਤੌਖ਼ਲੇ ਨਾਹ ਕਰਾਂ।
30592	708	ਦੇਹੁ ਦਰਸੁ ਮਨਿ ਚਾਉ ਲਹਿ ਜਾਹਿ ਵਿਸੂਰੀਐ॥	(ਵਿਸੂਰੀਐ) ਪਛੁਤਾਵੇ	Dhaehu Dharas Man Chaao Lehi Jaahi Visooreeai ||	Grant me the Blessed Vision of Your Darshan, the desire of my mind, and my worries shall be over.	ਮੇਰੇ ਮਨ ਵਿਚ ਖਿੱਚ ਹੈ, ਮੈਨੂੰ ਦੀਦਾਰ ਦੇਹ ਤੇ ਮੇਰੇ ਝੋਰੇ ਮਿਟ ਜਾਣ।
30593	709	ਹੋਇ ਪਵਿਤ੍ਰ ਸਰੀਰੁ ਚਰਨਾ ਧੂਰੀਐ॥		Hoe Pavithr Sareer Charanaa Dhhooreeai ||	By body is sanctified, by the dust of Your feet.	ਤੇਰੇ ਪੈਰਾਂ ਦੀ ਖ਼ਾਕ ਨਾਲ ਮੇਰਾ ਸਰੀਰ ਪਵਿੱਤ੍ਰ ਹੋ ਜਾਏ।

30594	709	ਪਾਰਬ੍ਰਹਮ ਗੁਰਦੇਵ ਸਦਾ ਹਜੂਰੀਐ॥੧੩॥		Paarabreham Guradhaev Sadhaa Hajooreeai ||13||	O Supreme Lord God, Divine Guru, You are always with me, ever-present. ||13||	ਹੇ ਪ੍ਰਭੂ! ਹੇ ਗੁਰਦੇਵ! (ਮੇਹਰ ਕਰ) ਮੈਂ ਸਦਾ ਤੇਰੀ ਹਜ਼ੂਰੀ ਵਿਚ ਰਹਾਂ ॥੧੩॥
30595	709	ਸਲੋਕ॥		Salok ||	Shalok:	
30596	709	ਰਸਨਾ ਉਚਰੰਤਿ ਨਾਮੰ ਸ੍ਰਵਣੰ ਸੁਨੰਤਿ ਸਬਦ ਅੰਮ੍ਰਿਤਹ॥		Rasanaa Oucharanth Naaman Sravanan Sunanth Sabadh Anmritheh ||	With my tongue, I chant the Lord's Name; with my ears, I listen to the Ambrosial Word of His Shabad.	ਜੋ ਮਨੁੱਖ ਜੀਭ ਨਾਲ ਪਾਰਬ੍ਰਹਮ ਦਾ ਨਾਮ ਉਚਾਰਦੇ ਹਨ, ਜੋ ਕੰਨਾਂ ਨਾਲ ਸਿਫ਼ਤਿ-ਸਾਲਾਹ ਦੀ ਪਵਿਤ੍ਰ ਬਾਣੀ ਸੁਣਦੇ ਹਨ,
30597	709	ਨਾਨਕ ਤਿਨ ਸਦ ਬਲਿਹਾਰੰ ਜਿਨਾ ਧਿਆਨੁ ਪਾਰਬ੍ਰਹਮਣਹ॥੧॥		Naanak Thin Sadh Balihaaran Jinaa Dhhiaan Paarabrehamaneh ||1||	Nanak is forever a sacrifice to those who meditate on the Supreme Lord God. ||1||	ਤੇ ਜੋ ਪਾਰਬ੍ਰਹਮ ਦਾ ਧਿਆਨ (ਧਰਦੇ ਹਨ) ਹੇ ਨਾਨਕ! ਮੈਂ ਉਹਨਾਂ ਮਨੁੱਖਾਂ ਤੋਂ ਸਦਾ ਸਦਕੇ ਹਾਂ ॥੧॥
30598	709	ਹਭਿ ਕੂੜਾਵੇ ਕੰਮ ਇਕਸੁ ਸਾਈ ਬਾਹਰੇ॥	(ਸੁ) ਸ੍ਰੇਸਟ। (ਹੱਭਿ) ਸਭ। ਸਾਂਈਂ	Habh Koorraavae Kanm Eikas Saaee Baaharae ||	All concerns are false, except those of the One Lord.	ਇਕ ਖਸਮ-ਪ੍ਰਭੂ ਦੀ ਯਾਦ ਤੋਂ ਬਿਨਾ ਹੋਰ ਸਾਰੇ ਹੀ ਕੰਮ ਵਿਅਰਥ ਹਨ।
30599	709	ਨਾਨਕ ਸੇਈ ਧੰਨੁ ਜਿਨਾ ਪਿਰਹੜੀ ਸਚ ਸਿਉ॥੨॥	(ਪਿਰਹੜੀ) ਪ੍ਰੀਤੀ	Naanak Saeee Dhhann Jinaa Pireharree Sach Sio ||2||	O Nanak, blessed are those, who are in love with their True Lord. ||2||	ਹੇ ਨਾਨਕ! ਸਿਰਫ਼ ਉਹੀ ਬੰਦੇ ਭਾਗਾਂ ਵਾਲੇ ਹਨ, ਜਿਨ੍ਹਾਂ ਦਾ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨਾਲ ਪਿਆਰ ਹੈ ॥੨॥
30600	709	ਪਉੜੀ॥		Pourree ||	Pauree:	

30601	709	ਸਦ ਬਲਿਹਾਰੀ ਤਿਨਾ ਜਿ ਸੁਨਤੇ ਹਰਿ ਕਥਾ॥		Sadh Balihaaree Thinaa J Sunathae Har Kathhaa ||	I am forever a sacrifice to those who listen to the sermon of the Lord.	ਮੈਂ ਉਹਨਾਂ ਬੰਦਿਆਂ ਤੋਂ ਸਦਾ ਕੁਰਬਾਨ ਜਾਂਦਾ ਹਾਂ ਜੋ ਪ੍ਰਭੂ ਦੀਆਂ ਗੱਲਾਂ ਸੁਣਦੇ ਹਨ।
30602	709	ਪੂਰੇ ਤੇ ਪਰਧਾਨ ਨਿਵਾਵਹਿ ਪ੍ਰਭ ਮਥਾ॥	ਨਿਵਾਵਹਿ:ਪੋਲਾ ਬੋਲੋ। ਮੱਥਾ	Poorae Thae Paradhhaan Nivaavehi Prabh Mathhaa ||	Those who bow their heads before God are perfect and distinguished.	ਉਹ ਮਨੁੱਖ ਸਭ ਗੁਣਾਂ ਵਾਲੇ ਤੇ ਸਭ ਤੋਂ ਚੰਗੇ ਹਨ ਜੋ ਪ੍ਰਭੂ ਅੱਗੇ ਸਿਰ ਨਿਵਾਉਂਦੇ ਹਨ।
30603	709	ਹਰਿ ਜਸੁ ਲਿਖਹਿ ਬੇਅੰਤ ਸੋਹਹਿ ਸੇ ਹਥਾ॥	ਹੱਥਾ	Har Jas Likhehi Baeanth Sohehi Sae Hathhaa ||	Those hands, which write the Praises of the infinite Lord are beautiful.	(ਉਹਨਾਂ ਦੇ) ਉਹ ਹੱਥ ਸੋਹਣੇ ਲੱਗਦੇ ਹਨ ਜੋ ਬੇਅੰਤ ਪ੍ਰਭੂ ਦੀ ਸਿਫ਼ਤਿ-ਸਾਲਾਹ ਲਿਖਦੇ ਹਨ।
30604	709	ਚਰਨ ਪੁਨੀਤ ਪਵਿਤ੍ਰ ਚਾਲਹਿ ਪ੍ਰਭ ਪਥਾ॥	(ਪਥਾ) ਰਸਤੇ। ਪਥਾ:ਪੋਲਾ ਬੋਲੋ	Charan Puneeth Pavithr Chaalehi Prabh Pathhaa ||	Those feet which walk on God's Path are pure and holy.	ਉਹ ਪੈਰ ਪਵਿੱਤ੍ਰ ਹਨ ਜੋ ਪ੍ਰਭੂ ਦੇ ਰਾਹ ਤੇ ਤੁਰਦੇ ਹਨ।
30605	709	ਸੰਤਾਂ ਸੰਗਿ ਉਧਾਰੁ ਸਗਲਾ ਦੁਖੁ ਲਥਾ॥੧੪॥	ਲੱਥਾ	Santhaan Sang Oudhhaar Sagalaa Dhukh Lathhaa ||14||	In the Society of the Saints, they are emancipated; all their sorrows depart. ||14||	(ਅਜੇਹੇ) ਸੰਤਾਂ ਦੀ ਸੰਗਤਿ ਵਿਚ (ਦੁੱਖ ਵਿਕਾਰਾਂ ਤੋਂ) ਬਚਾਉ ਹੋ ਜਾਂਦਾ ਹੈ, ਸਾਰਾ ਦੁੱਖ ਦੂਰ ਹੋ ਜਾਂਦਾ ਹੈ ॥੧੪॥
30606	709	ਸਲੋਕੁ॥		Salok ||	Shalok:	
30607	709	ਭਾਵੀ ਉਦੋਤ ਕਰਣੰ ਹਰਿ ਰਮਣੰ ਸੰਜੋਗ ਪੂਰਨਹ॥	(ਭਾਵੀ) ਹੋਣੀ। (ਉਦੋਤ) ਪ੍ਰਗਟ	Bhaavee Oudhoth Karanan Har Ramanan Sanjog Pooraneh ||	One's destiny is activated, when one chants the Lord's Name, through perfect good fortune.	ਜਦੋਂ ਪੂਰਨ ਸੰਜੋਗਾਂ ਨਾਲ ਮੱਥੇ ਦੇ ਲਿਖੇ ਲੇਖ ਉੱਘੜਦੇ ਹਨ, ਪ੍ਰਭੂ ਦਾ ਸਿਮਰਨ ਕਰੀਦਾ ਹੈ,

30608	709	ਗੋਪਾਲ ਦਰਸ ਭੇਟੰ ਸਫਲ ਨਾਨਕ ਸੋ ਮਹੂਰਤਹ॥੧॥	(ਮਹੂਰਤਹ) ਸਮਾਂ	Gopaal Dharas Bhaettan Safal Naanak So Mehooratheh ||1||	Fruitful is that moment, O Nanak, when one obtains the Blessed Vision of the Darshan of the Lord of the Universe. ||1||	ਹੇ ਨਾਨਕ! ਉਹ ਘੜੀ ਬਰਕਤਿ ਵਾਲੀ ਹੁੰਦੀ ਹੈ ਜਦੋਂ ਗੋਪਾਲ ਹਰੀ ਦਾ ਦੀਦਾਰ ਹੁੰਦਾ ਹੈ ॥੧॥
30609	709	ਕੀਮ ਨ ਸਕਾ ਪਾਇ ਸੁਖ ਮਿਤੀ ਹੂ ਬਾਹਰੇ॥	ਸਕਾਂ। (ਮਿਤੀ) ਮਿਣਤੀ।ਮਿਤੀ:ਪੋਲਾ ਬੋਲੋ	Keem N Sakaa Paae Sukh Mithee Hoo Baaharae ||	Its value cannot be estimated; it brings peace beyond measure.	ਇਤਨੇ ਅਮਿਣਵੇਂ ਸੁਖ ਪ੍ਰਭੂ ਦੇਂਦਾ ਹੈ ਕਿ ਮੈਂ ਉਹਨਾਂ ਦਾ ਮੁੱਲ ਨਹੀਂ ਪਾ ਸਕਦਾ,
30610	709	ਨਾਨਕ ਸਾ ਵੇਲੜੀ ਪਰਵਾਣੁ ਜਿਤੁ ਮਿਲੰਦੜੋ ਮਾ ਪਿਰੀ॥੨॥	(ਵੇਲੜੀ) ਵੇਲ਼ਾ	Naanak Saa Vaelarree Paravaan Jith Milandharro Maa Piree ||2||	O Nanak, that time alone is approved, when my Beloved meets with me. ||2||	(ਪਰ) ਹੇ ਨਾਨਕ! ਉਹੀ ਸੁਲੱਖਣੀ ਘੜੀ ਕਬੂਲ ਪੈਂਦੀ ਹੈ ਜਦੋਂ ਆਪਣਾ ਪਿਆਰਾ ਪ੍ਰਭੂ ਮਿਲ ਪਏ ॥੨॥
30611	709	ਪਉੜੀ॥		Pourree ||	Pauree:	
30612	709	ਸਾ ਵੇਲਾ ਕਹੁ ਕਉਣੁ ਹੈ ਜਿਤੁ ਪ੍ਰਭ ਕਉ ਪਾਈ॥		Saa Vaelaa Kahu Koun Hai Jith Prabh Ko Paaee ||	Tell me, what is that time, when I shall find God?	(ਰੱਬ ਕਰਕੇ) ਉਹ ਵੇਲਾ ਛੇਤੀ ਆਵੇ ਜਦੋਂ ਮੈਂ ਪ੍ਰਭੂ ਨੂੰ ਮਿਲਾਂ।
30613	709	ਸੋ ਮੂਰਤੁ ਭਲਾ ਸੰਜੋਗੁ ਹੈ ਜਿਤੁ ਮਿਲੈ ਗੁਸਾਈ॥	ਗੁਸਾਂਈਂ	So Moorath Bhalaa Sanjog Hai Jith Milai Gusaaee ||	Blessed and auspicious is that moment, and that destiny, when I shall find the Lord of the Universe.	ਉਹ ਮੁਹੂਰਤ, ਉਹ ਮਿਲਣ ਦਾ ਸਮਾਂ ਭਾਗਾਂ ਵਾਲਾ ਹੁੰਦਾ ਹੈ, ਜਦੋਂ ਧਰਤੀ ਦਾ ਸਾਂਈ ਮਿਲਦਾ ਹੈ।

30614	709	ਆਠ ਪਹਰ ਹਰਿ ਧਿਆਇ ਕੈ ਮਨ ਇਛ ਪੁਜਾਈ॥		Aath Pehar Har Dhhiaae Kai Man Eishh Pujaaee ||	Meditating on the Lord, twenty-four hours a day, my mind's desires are fulfilled.	(ਮੇਹਰ ਕਰ) ਅੱਠੇ ਪਹਿਰ ਪ੍ਰਭੂ ਨੂੰ ਸਿਮਰ ਕੇ ਮੈਂ ਆਪਣੇ ਮਨ ਦੀ ਚਾਹ ਪੂਰੀ ਕਰਾਂ।
30615	709	ਵਡੈਭਾਗਿ ਸਤਸੰਗੁ ਹੋਇ ਨਿਵਿ ਲਾਗਾ ਪਾਈ॥		Vaddai Bhaag Sathasang Hoe Niv Laagaa Paaee ||	By great good fortune, I have found the Society of the Saints; I bow and touch their feet.	ਚੰਗੀ ਕਿਸਮਤਿ ਨਾਲ ਸਤਸੰਗ ਮਿਲ ਜਾਏ ਤੇ ਮੈਂ ਨਿਉਂ ਨਿਉਂ ਕੇ (ਸਤ ਸੰਗੀਆਂ ਦੇ) ਪੈਰੀਂ ਲੱਗਾਂ।
30616	709	ਮਨਿ ਦਰਸਨ ਕੀ ਪਿਆਸ ਹੈ ਨਾਨਕ ਬਲਿ ਜਾਈ॥੧੫॥		Man Dharasan Kee Piaas Hai Naanak Bal Jaaee ||15||	My mind thirsts for the Blessed Vision of the Lord's Darshan; Nanak is a sacrifice to Him. ||15||	ਮੇਰੇ ਮਨ ਵਿਚ (ਪ੍ਰਭੂ ਦੇ) ਦਰਸਨ ਦੀ ਤ੍ਰੇਹ ਹੈ। ਹੇ ਨਾਨਕ! (ਆਖ) ਮੈਂ (ਸਤਸੰਗੀਆਂ ਤੋਂ) ਸਦਕੇ ਜਾਂਦਾ ਹਾਂ ॥੧੫॥
30617	709	ਸਲੋਕ॥		Salok ||	Shalok:	
30618	709	ਪਤਿਤ ਪੁਨੀਤ ਗੋਬਿੰਦਹ ਸਰਬ ਦੋਖ ਨਿਵਾਰਣਹ॥		Pathith Puneeth Gobindheh Sarab Dhokh Nivaaraneh ||	The Lord of the Universe is the Purifier of sinners; He is the Dispeller of all distress.	ਗੋਬਿੰਦ ਵਿਕਾਰੀਆਂ ਨੂੰ ਪਵਿਤ੍ਰ ਕਰਨ ਵਾਲਾ ਹੈ। (ਪਾਪੀਆਂ ਦੇ) ਸਾਰੇ ਐਬ ਦੂਰ ਕਰਨ ਵਾਲਾ ਹੈ।
30619	709	ਸਰਣਿ ਸੂਰ ਭਗਵਾਨਹ ਜਪੰਤਿ ਨਾਨਕ ਹਰਿ ਹਰਿ ਹਰੇ॥੧॥		Saran Soor Bhagavaaneh Japanth Naanak Har Har Harae ||1||	The Lord God is Mighty, giving His Protective Sanctuary; Nanak chants the Name of the Lord, Har, Har. ||1||	ਹੇ ਨਾਨਕ! ਜੋ ਮਨੁੱਖ ਉਸ ਪ੍ਰਭੂ ਨੂੰ ਜਪਦੇ ਹਨ, ਭਗਵਾਨ ਉਹਨਾਂ ਸਰਨ ਆਇਆਂ ਦੀ ਲਾਜ ਰੱਖਣ ਦੇ ਸਮਰੱਥ ਹੈ ॥੧॥

30620	709	ਛਡਿਓ ਹਭੁ ਆਪੁ ਲਗੜੋ ਚਰਣਾ ਪਾਸਿ॥		Shhaddiou Habh Aap Lagarro Charanaa Paas ||	Renouncing all self-conceit, I hold tight to the Lord's Feet.	ਜਿਸ ਮਨੁੱਖ ਨੇ ਸਾਰਾ ਆਪਾ-ਭਾਵ ਮਿਟਾ ਦਿੱਤਾ, ਜੋ ਮਨੁੱਖ ਪ੍ਰਭੂ ਦੇ ਚਰਨਾਂ ਨਾਲ ਜੁੜਿਆ ਰਿਹਾ,
30621	709	ਨਠੜੋ ਦੁਖ ਤਾਪੁ ਨਾਨਕ ਪ੍ਰਭੁ ਪੇਖੰਦਿਆ॥੨॥	ਨੱਠੜੋ	Natharro Dhukh Thaap Naanak Prabh Paekhandhiaa ||2||	My sorrows and troubles have departed, O Nanak, beholding God. ||2||	ਹੇ ਨਾਨਕ! ਪ੍ਰਭੂ ਦਾ ਦੀਦਾਰ ਕਰਨ ਨਾਲ ਉਸ ਦੇ ਸਾਰੇ ਦੁੱਖ ਕਲੇਸ਼ ਨਾਸ ਹੋ ਜਾਂਦੇ ਹਨ ॥੨॥
30622	709	ਪਉੜੀ॥		Pourree ||	Pauree:	
30623	709	ਮੇਲਿ ਲੈਹੁ ਦਇਆਲ ਢਹਿ ਪਏ ਦੁਆਰਿਆ॥		Mael Laihu Dhaeiaal Dtehi Peae Dhuaariaa ||	Unite with me, O Merciful Lord; I have fallen at Your Door.	ਹੇ ਦਿਆਲ! ਮੈਂ ਤੇਰੇ ਦਰ ਤੇ ਆ ਡਿੱਗਾ ਹਾਂ, ਮੈਨੂੰ (ਆਪਣੇ ਚਰਨਾਂ ਵਿਚ) ਜੋੜ ਲੈ।
30624	709	ਰਖਿ ਲੇਵਹੁ ਦੀਨ ਦਇਆਲ ਭ੍ਰਮਤ ਬਹੁ ਹਾਰਿਆ॥		Rakh Laevahu Dheen Dhaeiaal Bhramath Bahu Haariaa ||	O Merciful to the meek, save me. I have wandered enough; now I am tired.	ਹੇ ਦੀਨਾਂ ਤੇ ਦਇਆ ਕਰਨ ਵਾਲੇ! ਮੈਨੂੰ ਰੱਖ ਲੈ, ਮੈਂ ਭਟਕਦਾ ਭਟਕਦਾ ਹੁਣ ਬੜਾ ਥੱਕ ਗਿਆ ਹਾਂ।
30625	709	ਭਗਤਿ ਵਛਲੁ ਤੇਰਾ ਬਿਰਦੁ ਹਰਿ ਪਤਿਤ ਉਧਾਰਿਆ॥	(ਵਛਲੁ) ਪਿਆਰ ਕਰਨਾ	Bhagath Vashhal Thaeraa Biradh Har Pathith Oudhhaariaa ||	It is Your very nature to love Your devotees, and save sinners.	ਭਗਤੀ ਨੂੰ ਪਿਆਰ ਕਰਨਾ ਤੇ ਡਿੱਗਿਆਂ ਨੂੰ ਬਚਾਉਣਾ-ਇਹ ਤੇਰਾ ਮੁੱਢ ਕਦੀਮਾਂ ਦਾ ਸੁਭਾਉ ਹੈ।

30626	709	ਤੁਝ ਬਿਨੁ ਨਾਹੀ ਕੋਇ ਬਿਨਉ ਮੋਹਿ ਸਾਰਿਆ॥		Thujh Bin Naahee Koe Bino Mohi Saariaa ||	Without You, there is no other at all; I offer this prayer to You.	ਹੇ ਪ੍ਰਭੂ! ਤੈਥੋਂ ਬਿਨਾ ਹੋਰ ਕੋਈ ਨਹੀਂ ਜੋ ਮੇਰੀ ਇਸ ਬੇਨਤੀ ਨੂੰ ਸਿਰੇ ਚਾੜ੍ਹ ਸਕੇ।
30627	709	ਕਰੁ ਗਹਿ ਲੇਹੁ ਦਇਆਲ ਸਾਗਰ ਸੰਸਾਰਿਆ॥੧੬॥	(ਕਰੁ) ਹੱਥ	Kar Gehi Laehu Dhaeiaal Saagar Sansaariaa ||16||	Take me by the hand, O Merciful Lord, and carry me across the world-ocean. ||16||	ਹੇ ਦਿਆਲ! ਮੇਰਾ ਹੱਥ ਫੜ ਲੈ (ਤੇ ਮੈਨੂੰ) ਸੰਸਾਰ-ਸਮੁੰਦਰ ਵਿਚੋਂ (ਬਚਾ ਲੈ) ॥੧੬॥
30628	709	ਸਲੋਕ॥		Salok ||	Shalok:	
30629	709	ਸੰਤ ਉਧਰਣ ਦਇਆਲੰ ਆਸਰੰ ਗੋਪਾਲ ਕੀਰਤਨਹ॥	ਸੰਤ ਆਪ ਉਧਰਦੇ, ਦੂਜਿਆਂ ਨੂੰ (ਉ-ਧਰਣ)ਉਧਾਰਦੇ ਹਨ	Santh Oudhharan Dhaeiaalan Aasaran Gopaal Keerathaneh ||	The Merciful Lord is the Savior of the Saints; their only support is to sing the Kirtan of the Lord's Praises.	ਜੋ ਸੰਤ ਜਨ ਗੋਪਾਲ-ਪ੍ਰਭੂ ਦੇ ਕੀਰਤਨ ਨੂੰ ਆਪਣੇ ਜੀਵਨ ਦਾ ਸਹਾਰਾ ਬਣਾ ਲੈਂਦੇ ਹਨ, ਦਿਆਲ ਪ੍ਰਭੂ ਉਹਨਾਂ ਸੰਤਾਂ ਨੂੰ (ਮਾਇਆ ਦੀ ਤਪਸ਼ ਤੋਂ) ਬਚਾ ਲੈਂਦਾ ਹੈ,
30630	709	ਨਿਰਮਲੰ ਸੰਤਸੰਗੇਣ ਓਟ ਨਾਨਕ ਪਰਮੇਸੁਰਹ॥੧॥		Niramalan Santh Sangaen Outt Naanak Paramaesureh ||1||	One becomes immaculate and pure, by associating with the Saints, O Nanak, and taking the Protection of the Transcendent Lord. ||1||	ਉਹਨਾਂ ਸੰਤਾਂ ਦੀ ਸੰਗਤਿ ਕੀਤਿਆਂ ਪਵਿਤ੍ਰ ਹੋ ਜਾਈਦਾ ਹੈ। ਹੇ ਨਾਨਕ! (ਤੂੰ ਭੀ ਅਜੇਹੇ ਗੁਰਮੁਖਾਂ ਦੀ ਸੰਗਤਿ ਵਿਚ ਰਹਿ ਕੇ) ਪਰਮੇਸਰ ਦਾ ਪੱਲਾ ਫੜ ॥੧॥

30631	709	ਚੰਦਨ ਚੰਦੁ ਨ ਸਰਦ ਰੁਤਿ ਮੂਲਿ ਨ ਮਿਟਈ ਘਾਂਮ॥	ਮਨ ਦੀ (ਘਾਂਮ) ਤਪਸ਼	Chandhan Chandh N Saradh Ruth Mool N Mittee Ghaanm ||	The burning of the heart is not dispelled at all, by sandalwood paste, the moon, or the cold season.	ਭਾਵੇਂ ਚੰਦਨ (ਦਾ ਲੇਪ ਕੀਤਾ) ਹੋਵੇ ਚਾਹੇ ਚੰਦ੍ਰਮਾ (ਦੀ ਚਾਨਣੀ) ਹੋਵੇ, ਤੇ ਭਾਵੇਂ ਠੰਢੀ ਰੁੱਤ ਹੋਵੇ- ਇਹਨਾਂ ਦੀ ਰਾਹੀਂ ਮਨ ਦੀ ਤਪਸ਼ ਉੱਕਾ ਹੀ ਮਿਟ ਨਹੀਂ ਸਕਦੀ।
30632	709	ਸੀਤਲੁ ਥੀਵੈ ਨਾਨਕਾ ਜਪੰਦੜੋ ਹਰਿ ਨਾਮੁ॥੨॥		Seethal Thheevai Naanakaa Japandharro Har Naam ||2||	It only becomes cool, O Nanak, by chanting the Name of the Lord. ||2||	ਹੇ ਨਾਨਕ! ਪ੍ਰਭੂ ਦਾ ਨਾਮ ਸਿਮਰਿਆਂ ਹੀ ਮਨੁੱਖ (ਦਾ ਮਨ) ਸ਼ਾਂਤ ਹੁੰਦਾ ਹੈ ॥੨॥
30633	709	ਪਉੜੀ॥		Pourree ||	Pauree:	
30634	709	ਚਰਨਕਮਲ ਕੀ ਓਟ ਉਧਰੇ ਸਗਲ ਜਨ॥		Charan Kamal Kee Outt Oudhharae Sagal Jan ||	Through the Protection and Support of the Lord's lotus feet, all beings are saved.	ਪ੍ਰਭੂ ਦੇ ਸੋਹਣੇ ਚਰਨਾਂ ਦਾ ਆਸਰਾ ਲੈ ਕੇ ਸਾਰੇ ਜੀਵ (ਦੁਨੀਆ ਦੀ ਤਪਸ਼ ਤੋਂ) ਬਚ ਜਾਂਦੇ ਹਨ।
30635	709	ਸੁਣਿ ਪਰਤਾਪੁ ਗੋਵਿੰਦ ਨਿਰਭਉ ਭਏ ਮਨ॥		Sun Parathaap Govindh Nirabho Bheae Man ||	Hearing of the Glory of the Lord of the Universe, the mind becomes fearless.	ਗੋਬਿੰਦ ਦੀ ਵਡਿਆਈ ਸੁਣ ਕੇ (ਬੰਦਗੀ ਵਾਲਿਆਂ ਦੇ) ਮਨ ਨਿਡਰ ਹੋ ਜਾਂਦੇ ਹਨ।
30636	709	ਤੋਟਿ ਨ ਆਵੈ ਮੂਲਿ ਸੰਚਿਆ ਨਾਮੁ ਧਨ॥		Thott N Aavai Mool Sanchiaa Naam Dhhan ||	Nothing at all is lacking, when one gathers the wealth of the Naam.	ਉਹ ਪ੍ਰਭੂ ਦਾ ਨਾਮ-ਧਨ ਇਕੱਠਾ ਕਰਦੇ ਹਨ ਤੇ ਉਸ ਧਨ ਵਿਚ ਕਦੇ ਘਾਟਾ ਨਹੀਂ ਪੈਂਦਾ।

30637	709	ਸੰਤ ਜਨਾ ਸਿਉ ਸੰਗੁ ਪਾਈਐ ਵਡੈ ਪੁਨ॥		Santh Janaa Sio Sang Paaeeai Vaddai Pun ||	The Society of the Saints is obtained, by very good deeds.	ਅਜੇਹੇ ਗੁਰਮੁਖਾਂ ਦੀ ਸੰਗਤਿ ਬੜੇ ਭਾਗਾਂ ਨਾਲ ਮਿਲਦੀ ਹੈ,
30638	709	ਆਠ ਪਹਰ ਹਰਿ ਧਿਆਇ ਹਰਿ ਜਸੁ ਨਿਤ ਸੁਨ॥੧੭॥		Aath Pehar Har Dhhiaae Har Jas Nith Sun ||17||	Twenty-four hours a day, meditate on the Lord, and listen continually to the Lord's Praises. ||17||	ਇਹ ਸੰਤ ਜਨ ਅੱਠੇ ਪਹਿਰ ਪ੍ਰਭੂ ਨੂੰ ਸਿਮਰਦੇ ਹਨ ਤੇ ਸਦਾ ਪ੍ਰਭੂ ਦਾ ਜਸ ਸੁਣਦੇ ਹਨ ॥੧੭॥
30639	709	ਸਲੋਕ॥		Salok ||	Shalok:	
30640	709	ਦਇਆ ਕਰਣੰ ਦੁਖ ਹਰਣੰ ਉਚਰਣੰ ਨਾਮ ਕੀਰਤਨਹ॥	ਉੱਚਰ-ਣੰ	Dhaeiaa Karanan Dhukh Haranan Oucharanan Naam Keerathaneh ||	The Lord grants His Grace, and dispels the pains of those who sing the Kirtan of the Praises of His Name.	ਹੇ ਨਾਨਕ! ਜੇ ਮਨੁੱਖ ਦਿਆਲ ਸਰਬ-ਵਿਆਪੀ ਭਗਵਾਨ ਦੇ ਨਾਮ ਦੀ ਵਡਿਆਈ ਕਰੇ,
30641	709	ਦਇਆਲ ਪੁਰਖ ਭਗਵਾਨਹ ਨਾਨਕ ਲਿਪਤ ਨ ਮਾਇਆ॥੧॥		Dhaeiaal Purakh Bhagavaaneh Naanak Lipath N Maaeiaa ||1||	When the Lord God shows His Kindness, O Nanak, one is no longer engrossed in Maya. ||1||	ਤਾਂ ਪ੍ਰਭੂ ਮੇਹਰ ਕਰਦਾ ਹੈ, ਉਸ ਦੇ ਦੁੱਖਾਂ ਦਾ ਨਾਸ ਕਰਦਾ ਹੈ ਤੇ ਉਹ ਮਨੁੱਖ ਮਾਇਆ ਦੇ ਮੋਹ ਵਿਚ ਨਹੀਂ ਫਸਦਾ ॥੧॥

30642	710	ਭਾਹਿ ਬਲੰਦੜੀ ਬੁਝਿ ਗਈ ਰਖੰਦੜੋ ਪ੍ਰਭੁ ਆਪਿ॥	(ਭਾਹਿ) ਅੱਗ। ਬੁਝਿ:ਪੋਲਾ ਬੋਲੋ	Bhaahi Balandharree Bujh Gee Rakhandharro Prabh Aap ||	The burning fire has been put out; God Himself has saved me.	ਉਹ ਪ੍ਰਭੂ (ਸਿਮਰਨ ਕੀਤਿਆਂ) ਆਪ ਜੀਵ ਦਾ ਰਾਖਾ ਬਣਦਾ ਹੈ ਤੇ ਉਸ ਦੇ ਅੰਦਰ ਦੀ ਬਲਦੀ (ਤ੍ਰਿਸਨਾ ਦੀ) ਅੱਗ ਬੁੱਝ ਜਾਂਦੀ ਹੈ।
30643	710	ਜਿਨਿ ਉਪਾਈ ਮੇਦਨੀ ਨਾਨਕ ਸੋ ਪ੍ਰਭੁ ਜਾਪਿ॥੨॥	(ਮੇਦਨੀ) ਸ੍ਰਿਸ਼ਟੀ	Jin Oupaaee Maedhanee Naanak So Prabh Jaap ||2||	Meditate on that God, O Nanak, who created the universe. ||2||	ਹੇ ਨਾਨਕ! ਜਿਸ ਪ੍ਰਭੂ ਨੇ ਸਾਰੀ ਸ੍ਰਿਸ਼ਟੀ ਰਚੀ ਹੈ ਉਸ ਦਾ ਸਿਮਰਨ ਕਰ ॥੨॥
30644	710	ਪਉੜੀ॥		Pourree ||	Pauree:	
30645	710	ਜਾ ਪ੍ਰਭ ਭਏ ਦਇਆਲ ਨ ਬਿਆਪੈ ਮਾਇਆ॥		Jaa Prabh Bheae Dhaeiaal N Biaapai Maaeiaa ||	When God becomes merciful, Maya does not cling.	ਜਦੋਂ (ਜੀਵ ਉੱਤੇ) ਪ੍ਰਭੂ ਜੀ ਮੇਹਰਬਾਨ ਹੋਣ ਤਾਂ ਮਾਇਆ ਜ਼ੋਰ ਨਹੀਂ ਪਾ ਸਕਦੀ।
30646	710	ਕੋਟਿ ਅਘਾ ਗਏ ਨਾਸ ਹਰਿ ਇਕੁ ਧਿਆਇਆ॥	(ਅਘਾ) ਪਾਪ	Kott Aghaa Geae Naas Har Eik Dhhiaaeiaa ||	Millions of sins are eliminated, by meditating on the Naam, the Name of the One Lord.	ਇਕ ਪ੍ਰਭੂ ਨੂੰ ਸਿਮਰਿਆਂ ਕਰੋੜਾਂ ਹੀ ਪਾਪ ਨਾਸ ਹੋ ਜਾਂਦੇ ਹਨ।
30647	710	ਨਿਰਮਲ ਭਏ ਸਰੀਰ ਜਨ ਧੂਰੀ ਨਾਇਆ॥		Niramal Bheae Sareer Jan Dhhooree Naaeiaa ||	The body is made immaculate and pure, bathing in the dust of the feet of the Lord's humble servants.	ਸਿਮਰਨ ਕਰਨ ਵਾਲੇ ਬੰਦਿਆਂ ਦੀ ਚਰਨ-ਧੂੜ ਵਿਚ ਨ੍ਹਾਤਿਆਂ ਸਰੀਰ ਪਵਿਤ੍ਰ ਹੋ ਜਾਂਦੇ ਹਨ।

30648	710	ਮਨ ਤਨ ਭਏ ਸੰਤੋਖ ਪੂਰਨ ਪ੍ਰਭੁ ਪਾਇਆ॥		Man Than Bheae Santhokh Pooran Prabh Paaeiaa ||	The mind and body become contented, finding the Perfect Lord God.	(ਸੰਤਾਂ ਦੀ ਸੰਗਤਿ ਵਿਚ) ਪੂਰਨ ਪ੍ਰਭੂ ਮਿਲ ਪੈਂਦਾ ਹੈ ਤੇ ਮਨ ਤੇ ਤਨ ਦੋਹਾਂ ਨੂੰ ਸੰਤੋਖ ਪ੍ਰਾਪਤ ਹੁੰਦਾ ਹੈ।
30649	710	ਤਰੇ ਕੁਟੰਬ ਸੰਗਿ ਲੋਗ ਕੁਲ ਸਬਾਇਆ॥੧੮॥		Tharae Kuttanb Sang Log Kul Sabaaeiaa ||18||	One is saved, along with his family, and all his ancestors. ||18||	ਅਜੇਹੇ ਮਨੁੱਖਾਂ ਦੀ ਸੰਗਤਿ ਵਿਚ ਉਹਨਾਂ ਦੇ ਪਰਵਾਰ ਦੇ ਲੋਕ ਤੇ ਸਾਰੀਆਂ ਕੁਲਾਂ ਤਰ ਜਾਂਦੀਆਂ ਹਨ ॥੧੮॥
30650	710	ਸਲੋਕ॥		Salok ||	Shalok:	
30651	710	ਗੁਰ ਗੋਬਿੰਦ ਗੋਪਾਲ ਗੁਰ ਗੁਰ ਪੂਰਨ ਨਾਰਾਇਣਹ॥		Gur Gobindh Gopaal Gur Gur Pooran Naaraaeineh ||	The Guru is the Lord of the Universe; the Guru is the Lord of the world; the Guru is the Perfect Pervading Lord God.	ਗੁਰੂ ਗੋਬਿੰਦ-ਰੂਪ ਹੈ, ਗੋਪਾਲ-ਰੂਪ ਹੈ, ਸਰਬ-ਵਿਆਪਕ ਨਾਰਾਇਣ ਦਾ ਰੂਪ ਹੈ।
30652	710	ਗੁਰ ਦਇਆਲ ਸਮਰਥ ਗੁਰ ਗੁਰ ਨਾਨਕ ਪਤਿਤ ਉਧਾਰਣਹ॥੧॥	ਸਮਰੱਥ	Gur Dhaeiaal Samarathh Gur Gur Naanak Pathith Oudhhaaraneh ||1||	The Guru is compassionate; the Guru is all-powerful; the Guru, O Nanak, is the Saving Grace of sinners. ||1||	ਗੁਰੂ ਦਇਆ ਦਾ ਘਰ ਹੈ, ਸਮਰੱਥਾ ਵਾਲਾ ਹੈ ਤੇ ਹੇ ਨਾਨਕ! ਵਿਕਾਰੀਆਂ ਨੂੰ ਭੀ ਤਾਰਨਹਾਰ ਹੈ ॥੧॥
30653	710	ਭਉਜਲੁ ਬਿਖਮੁ ਅਸਗਾਹੁ ਗੁਰਿ ਬੋਹਿਥੈ ਤਾਰਿਅਮੁ॥		Bhoujal Bikham Asagaahu Gur Bohithhai Thaariam ||	The Guru is the boat, to cross over the dangerous, treacherous, unfathomable world-ocean.	ਸੰਸਾਰ-ਸਮੁੰਦਰ ਬੜਾ ਭਿਆਨਕ ਤੇ ਅਥਾਹ ਹੈ, ਪਰ ਗੁਰੂ-ਜਹਾਜ਼ ਨੇ ਮੈਨੂੰ ਇਸ ਵਿਚੋਂ ਬਚਾ ਲਿਆ ਹੈ।

30654	710	ਨਾਨਕ ਪੂਰ ਕਰੰਮ ਸਤਿਗੁਰ ਚਰਣੀ ਲਗਿਆ॥੨॥	ਲੱਗਿਆਂ	Naanak Poor Karanm Sathigur Charanee Lagiaa ||2||	O Nanak, by perfect good karma, one is attached to the feet of the True Guru. ||2||	ਹੇ ਨਾਨਕ! ਜੋ ਮਨੁੱਖ ਸਤਿਗੁਰੂ ਦੀ ਚਰਨੀਂ ਲੱਗਦੇ ਹਨ, ਉਹਨਾਂ ਦੇ ਚੰਗੇ ਭਾਗ ਹੁੰਦੇ ਹਨ ॥੨॥
30655	710	ਪਉੜੀ॥		Pourree ||	Pauree:	
30656	710	ਧੰਨੁ ਧੰਨੁ ਗੁਰਦੇਵ ਜਿਸੁ ਸੰਗਿ ਹਰਿ ਜਪੇ॥		Dhhann Dhhann Guradhaev Jis Sang Har Japae ||	Blessed, blessed is the Divine Guru; associating with Him, one meditates on the Lord.	ਸਦਕੇ ਹਾਂ ਗੁਰੂ ਤੋਂ ਜਿਸ ਦੀ ਸੰਗਤਿ ਵਿਚ ਰਿਹਾਂ ਪ੍ਰਭੂ ਦਾ ਭਜਨ ਕੀਤਾ ਜਾ ਸਕਦਾ ਹੈ,
30657	710	ਗੁਰ ਕ੍ਰਿਪਾਲ ਜਬ ਭਏ ਤ ਅਵਗੁਣ ਸਭਿ ਛਪੇ॥		Gur Kirapaal Jab Bheae Th Avagun Sabh Shhapae ||	When the Guru becomes merciful, then all one's demerits are dispelled.	ਜਦੋਂ ਸਤਿਗੁਰੂ ਮੇਹਰਬਾਨ ਹੁੰਦਾ ਹੈ ਤਾਂ ਸਾਰੇ ਔਗੁਣ ਦੂਰ ਹੋ ਜਾਂਦੇ ਹਨ,
30658	710	ਪਾਰਬ੍ਰਹਮ ਗੁਰਦੇਵ ਨੀਚਹੁ ਉਚ ਥਪੇ॥	ਥਪੇ:ਪੋਲਾ ਬੋਲੋ	Paarabreham Guradhaev Neechahu Ouch Thhapae ||	The Supreme Lord God, the Divine Guru, uplifts and exalts the lowly.	ਪ੍ਰਭੂ ਦਾ ਰੂਪ ਗੁਰੂ ਨੀਵਿਆਂ ਤੋਂ ਉੱਚੇ ਕਰ ਦੇਂਦਾ ਹੈ।
30659	710	ਕਾਟਿ ਸਿਲਕ ਦੁਖ ਮਾਇਆ ਕਰਿ ਲੀਨੇ ਅਪ ਦਸੇ॥	(ਸਿਲਕ) ਫਾਹੀ। ਆਪਣੇ (ਦਸੇ)ਦਾਸ ਜਾਂ ਆਪਣੀ(ਦਸੇ)ਤਰਫ਼। ਅਪ,ਦਸੇ:ਪੋਲੇ ਬੋਲੋ	Kaatt Silak Dhukh Maaeiaa Kar Leenae Ap Dhasae ||	Cutting away the painful noose of Maya, He makes us His own slaves.	ਮਾਇਆ ਦੇ ਦੁਖਾਂ ਦੀ ਫਾਹੀ ਕੱਟ ਕੇ ਆਪਣੇ ਸੇਵਕ ਬਣਾ ਲੈਂਦਾ ਹੈ,

30660	710	ਗੁਣ ਗਾਏ ਬੇਅੰਤ ਰਸਨਾ ਹਰਿ ਜਸੇ॥੧੯॥		Gun Gaaeae Baeanth Rasanaa Har Jasae ||19||	With my tongue, I sing the Glorious Praises of the infinite Lord God. ||19||	(ਗੁਰੂ ਦੀ ਸੰਗਤਿ ਵਿਚ ਰਿਹਾਂ) ਜੀਭ ਨਾਲ ਬੇਅੰਤ ਪ੍ਰਭੂ ਦੇ ਗੁਣ ਗਾ ਸਕੀਦੇ ਹਨ, ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ਸਕੀਦੀ ਹੈ ॥੧੯॥
30661	710	ਸਲੋਕ॥		Salok ||	Shalok:	
30662	710	ਦ੍ਰਿਸਟੰਤ ਏਕੋ ਸੁਨੀਅੰਤ ਏਕੋ ਵਰਤੰਤ ਏਕੋ ਨਰਹਰਹ॥		Dhrisattanth Eaeko Suneeanth Eaeko Varathanth Eaeko Narehareh ||	I see only the One Lord; I hear only the One Lord; the One Lord is all-pervading.	ਉਹਨਾਂ ਨੂੰ ਹਰ ਥਾਂ ਉਹ ਖ਼ਲਕਤਿ ਦਾ ਸਾਈਂ ਹੀ ਦਿੱਸਦਾ ਹੈ, ਸੁਣੀਦਾ ਹੈ, ਵਿਆਪਕ ਜਾਪਦਾ ਹੈ,
30663	710	ਨਾਮ ਦਾਨੁ ਜਾਚੰਤਿ ਨਾਨਕ ਦਇਆਲ ਪੁਰਖ ਕ੍ਰਿਪਾ ਕਰਹ॥੧॥	ਦ-ਇਆਲ	Naam Dhaan Jaachanth Naanak Dhaeiaal Purakh Kirapaa Kareh ||1||	Nanak begs for the gift of the Naam; O Merciful Lord God, please grant Your Grace. ||1||	ਹੇ ਨਾਨਕ! ਜਿਨ੍ਹਾਂ ਉਤੇ ਦਿਆਲ ਪ੍ਰਭੂ ਮੇਹਰ ਕਰਦਾ ਹੈ। ਉਹ ਉਸ ਪਾਸੋਂ ਬੰਦਗੀ ਦਾ ਖ਼ੈਰ ਮੰਗਦੇ ਹਨ ॥੧॥
30664	710	ਹਿਕੁ ਸੇਵੀ ਹਿਕੁ ਸੰਮਲਾ ਹਰਿ ਇਕਸੁ ਪਹਿ ਅਰਦਾਸਿ॥	(ਹਿਕੁ) ਇੱਕ	Hik Saevee Hik Sanmalaa Har Eikas Pehi Aradhaas ||	I serve the One Lord, I contemplate the One Lord, and to the One Lord, I offer my prayer.	ਮੇਰੀ ਇਕ ਪ੍ਰਭੂ ਦੇ ਪਾਸ ਹੀ ਅਰਜ਼ੋਈ ਹੈ ਕਿ ਮੈਂ ਪ੍ਰਭੂ ਨੂੰ ਹੀ ਸਿਮਰਾਂ ਤੇ ਪ੍ਰਭੂ ਨੂੰ ਹੀ ਹਿਰਦੇ ਵਿਚ ਸੰਭਾਲ ਰੱਖਾਂ।
30665	710	ਨਾਮ ਵਖਰੁ ਧਨੁ ਸੰਚਿਆ ਨਾਨਕ ਸਚੀ ਰਾਸਿ॥੨॥		Naam Vakhar Dhhan Sanchiaa Naanak Sachee Raas ||2||	Nanak has gathered in the wealth, the merchandise of the Naam; this is the true capital. ||2||	ਹੇ ਨਾਨਕ! ਜਿਨ੍ਹਾਂ ਬੰਦਿਆਂ ਨੇ ਨਾਮ-ਰੂਪ ਸੌਦਾ ਨਾਮ-ਰੂਪ ਧਨ ਜੋੜਿਆ ਹੈ, ਉਹਨਾਂ ਦੀ ਇਹ ਪੂੰਜੀ ਸਦਾ ਹੀ ਕਾਇਮ ਰਹਿੰਦੀ ਹੈ ॥੨॥

30666	710	ਪਉੜੀ॥		Pourree ||	Pauree:	
30667	710	ਪ੍ਰਭ ਦਇਆਲ ਬੇਅੰਤ ਪੂਰਨ ਇਕੁ ਏਹੁ॥		Prabh Dhaeiaal Baeanth Pooran Eik Eaehu ||	God is merciful and infinite. The One and Only is all-pervading.	ਸਿਰਫ਼ ਇਹ ਦਿਆਲ ਤੇ ਬੇਅੰਤ ਪ੍ਰਭੂ ਹੀ ਹਰ ਥਾਂ ਮੌਜੂਦ ਹੈ, ਉਹ ਆਪ ਹੀ ਆਪ ਸਭ ਕੁਝ ਹੈ,
30668	710	ਸਭੁ ਕਿਛੁ ਆਪੇ ਆਪਿ ਦੂਜਾ ਕਹਾ ਕੇਹੁ॥		Sabh Kishh Aapae Aap Dhoojaa Kehaa Kaehu ||	He Himself is all-in-all. Who else can we speak of?	ਹੋਰ ਦੂਜਾ ਕੇਹੜਾ ਦੱਸਾਂ (ਜੇ ਉਸ ਵਰਗਾ ਹੋਵੇ)?
30669	710	ਆਪਿ ਕਰਹੁ ਪ੍ਰਭ ਦਾਨੁ ਆਪੇ ਆਪਿ ਲੇਹੁ॥		Aap Karahu Prabh Dhaan Aapae Aap Laehu ||	God Himself grants His gifts, and He Himself receives them.	ਹੇ ਪ੍ਰਭੂ! ਤੂੰ ਆਪ ਹੀ ਦਾਨ ਕਰਨ ਵਾਲਾ ਹੈਂ ਤੇ ਆਪ ਹੀ ਉਹ ਦਾਨ ਲੈਣ ਵਾਲਾ ਹੈਂ।
30670	710	ਆਵਣ ਜਾਣਾ ਹੁਕਮੁ ਸਭੁ ਨਿਹਚਲੁ ਤੁਧੁ ਥੇਹੁ॥	(ਥੇਹੁ) ਟਿਕਾਣਾ	Aavan Jaanaa Hukam Sabh Nihachal Thudhh Thhaehu ||	Coming and going are all by the Hukam of Your Will; Your place is steady and unchanging.	(ਜੀਵਾਂ ਦਾ) ਜੰਮਣਾ ਤੇ ਮਰਨਾ- ਇਹ ਤੇਰਾ ਹੁਕਮ ਹੈ (ਭਾਵ, ਤੇਰੀ ਖੇਡ ਹੈ), ਤੇਰਾ ਆਪਣਾ ਟਿਕਾਣਾ ਸਦਾ ਅਟੱਲ ਹੈ।
30671	710	ਨਾਨਕੁ ਮੰਗੈ ਦਾਨੁ ਕਰਿ ਕਿਰਪਾ ਨਾਮੁ ਦੇਹੁ॥੨੦॥੧॥		Naanak Mangai Dhaan Kar Kirapaa Naam Dhaehu ||20||1||	Nanak begs for this gift; by Your Grace, Lord, please grant me Your Name. ||20||1||	ਨਾਨਕ (ਤੈਥੋਂ) ਖ਼ੈਰ ਮੰਗਦਾ ਹੈ, ਮੇਹਰ ਕਰ ਤੇ ਨਾਮ ਬਖ਼ਸ਼ ॥੨੦॥੧॥

30672	710	ਜੈਤਸਰੀ ਬਾਣੀ ਭਗਤਾ ਕੀ		Jaithasaree Baanee Bhagathaa Kee	Jaitsree, The Word Of The Devotees:	
30673	710	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30674	710	ਨਾਥ ਕਛੂਅ ਨ ਜਾਨਉ॥		Naathh Kashhooa N Jaano ||	O my Lord and Master, I know nothing.	ਹੇ ਪ੍ਰਭੂ! ਮੇਰੀ ਇਸ ਅੱਗੇ (ਹੁਣ) ਕੋਈ ਪੇਸ਼ ਨਹੀਂ ਜਾਂਦੀ।
30675	710	ਮਨੁ ਮਾਇਆ ਕੈ ਹਾਥਿ ਬਿਕਾਨਉ॥੧॥ਰਹਾਉ ॥		Man Maaeiaa Kai Haathh Bikaano ||1|| Rehaao ||	My mind has sold out, and is in Maya's hands. ||1||Pause||	ਮੈਂ ਆਪਣਾ ਮਨ ਮਾਇਆ ਦੇ ਹੱਥ ਵੇਚ ਚੁਕਿਆ ਹਾਂ ॥੧॥ ਰਹਾਉ ॥
30676	710	ਤੁਮ ਕਹੀਅਤਹੌ ਜਗਤ ਗੁਰ ਸੁਆਮੀ॥	ਕਹੀਅਤ-ਹੌ	Thum Keheeath Ha Jagath Gur Suaamee ||	You are called the Lord and Master, the Guru of the World.	ਹੇ ਨਾਥ! ਤੂੰ ਜਗਤ ਦਾ ਖਸਮ ਅਖਵਾਉਂਦਾ ਹੈਂ,
30677	710	ਹਮ ਕਹੀਅਤ ਕਲਿਜੁਗ ਕੇ ਕਾਮੀ॥੧॥		Ham Keheeath Kalijug Kae Kaamee ||1||	I am called a lustful being of the Dark Age of Kali Yuga. ||1||	ਅਸੀਂ ਕਲਜੁਗੀ ਵਿਸ਼ਈ ਜੀਵ ਹਾਂ (ਮੇਰੀ ਸਹਾਇਤਾ ਕਰ) ॥੧॥
30678	710	ਇਨ ਪੰਚਨ ਮੇਰੋ ਮਨੁ ਜੁ ਬਿਗਾਰਿਓ॥		Ein Panchan Maero Man J Bigaariou ||	The five vices have corrupted my mind.	(ਕਾਮਾਦਿਕ) ਇਹਨਾਂ ਪੰਜਾਂ ਨੇ ਹੀ ਮੇਰਾ ਮਨ ਇਤਨਾ ਵਿਗਾੜ ਦਿੱਤਾ ਹੈ,

30679	710	ਪਲੁ ਪਲੁ ਹਰਿ ਜੀ ਤੇ ਅੰਤਰੁ ਪਾਰਿਓ॥੨॥		Pal Pal Har Jee Thae Anthar Paariou ||2||	Moment by moment, they lead me further away from the Lord. ||2||	ਕਿ ਹਰ ਦਮ ਮੇਰੀ ਪਰਮਾਤਮਾ ਨਾਲੋਂ ਵਿੱਥ ਪਵਾ ਰਹੇ ਹਨ ॥੨॥
30680	710	ਜਤ ਦੇਖਉ ਤਤ ਦੁਖ ਕੀ ਰਾਸੀ॥	(ਰਾਸੀ) ਪੂੰਜੀ	Jath Dhaekho Thath Dhukh Kee Raasee ||	Wherever I look, I see loads of pain and suffering.	(ਇਹਨਾਂ ਨੇ ਜਗਤ ਨੂੰ ਬੜਾ ਖ਼ੁਆਰ ਕੀਤਾ ਹੈ) ਮੈਂ ਜਿੱਧਰ ਵੇਖਦਾ ਹਾਂ, ਉੱਧਰ ਦੁੱਖਾਂ ਦੀ ਰਾਸਿ-ਪੂੰਜੀ ਬਣੀ ਪਈ ਹੈ।
30681	710	ਅਜੌਂ ਨ ਪਤ੍ਰਾਇ ਨਿਗਮ ਭਏ ਸਾਖੀ॥੩॥	(ਨਿਗਮ) ਬੇਦ। (ਸਾੱਖੀ)ਗਵਾਹ। ਪਤਿਆਇ	Ajaan N Pathyaae Nigam Bheae Saakhee ||3||	I do not have faith, even though the Vedas bear witness to the Lord. ||3||	ਇਹ ਵੇਖ ਕੇ ਭੀ (ਕਿ ਵਿਕਾਰਾਂ ਦਾ ਸਿੱਟਾ ਹੈ ਦੁੱਖ) ਮੇਰਾ ਮਨ ਮੰਨਿਆ ਨਹੀਂ, ਵੇਦਾਦਿਕ ਧਰਮ-ਪੁਸਤਕ ਭੀ (ਸਾਖੀਆਂ ਦੀ ਰਾਹੀਂ) ਇਹੀ ਗਵਾਹੀ ਦੇ ਰਹੇ ਹਨ ॥੩॥
30682	710	ਗੋਤਮ ਨਾਰਿ ਉਮਾਪਤਿ ਸ੍ਵਾਮੀ॥	ਗੋਤਮ ਰਿਖੀ ਜੀ ਦੀ ਨਾਰਿ ਇਸਤ੍ਰੀ ਅਹੱਲਿਆ ਸਿਲਾ ਬਣੀ। (ਉਮਾ-ਪਤਿ) ਸ਼ਿਵਜੀ। (ਸ੍ਵਾਮੀ) ਵਿਸ਼ਨੂੰ	Gotham Naar Oumaapath Svaamee ||	Shiva cut off Brahma's head, and Gautam's wife and the Lord Indra mated;	ਗੌਤਮ ਦੀ ਵਹੁਟੀ ਅਹੱਲਿਆ, ਪਾਰਵਤੀ ਦਾ ਪਤੀ ਸ਼ਿਵ,

30683	710	ਸੀਸੁਧਰਨਿ ਸਹਸ ਭਗ ਗਾਂਮੀ॥੪॥	(ਸੀਸੁਧਰਨਿ) ਬ੍ਰਹਮਾ। ਗੋਤਮ ਦੀ ਇਸਤ੍ਰੀ ਦੇ (ਭਗ) ਬੱਚਾ ਪੈਦਾ ਕਰਨ ਵਾਲੇ ਚਿਨ੍ ਨੂੰ (ਗਾਂਮੀ) ਭੋਗਣ ਵਾਲੇ ਇੰਦ੍ਰ ਦੇ, ਇਸਤ੍ਰੀ ਦੇ ਬੱਚਾ ਪੈਦਾ ਕਰਨ ਵਾਲੇ (ਸਹਸ) ਹਜ਼ਾਰ ਚਿਨ੍ ਹੋ ਗਏ ਭਾਵ ਕੋੜ੍ ਹੋ ਗਿਆ	Sees Dhharan Sehas Bhag Gaanmee ||4||	Brahma's head got stuck to Shiva's hand, and Indra came to bear the marks of a thousand female organs. ||4||	ਬ੍ਰਹਮਾ, ਹਜ਼ਾਰ ਭਗਾਂ ਦੇ ਚਿੰਨ੍ਹ ਵਾਲਾ ਇੰਦਰ-(ਇਹਨਾਂ ਸਭਨਾਂ ਨੂੰ ਇਹਨਾਂ ਪੰਜਾਂ ਨੇ ਹੀ ਖ਼ੁਆਰ ਕੀਤਾ) ॥੪॥
30684	710	ਇਨ ਦੂਤਨ ਖਲੁ ਬਧੁ ਕਰਿ ਮਾਰਿਓ॥	(ਖਲੁ) ਮੂਰਖ	Ein Dhoothan Khal Badhh Kar Maariou ||	These demons have fooled, bound and destroyed me.	ਇਹਨਾਂ ਚੰਦ੍ਰਿਆਂ ਨੇ (ਮੇਰੇ) ਮੂਰਖ (ਮਨ) ਨੂੰ ਬੁਰੀ ਤਰ੍ਹਾਂ ਮਾਰ ਕੀਤੀ ਹੈ,
30685	710	ਬਡੋ ਨਿਲਾਜੁ ਅਜਹੂ ਨਹੀ ਹਾਰਿਓ॥੫॥	(ਨਿਲਾਜੁ) ਬੇਸ਼ਰਮ	Baddo Nilaaj Ajehoo Nehee Haariou ||5||	I am very shameless - even now, I am not tired of them. ||5||	ਪਰ ਇਹ ਮਨ ਬੜਾ ਬੇ-ਸ਼ਰਮ ਹੈ, ਅਜੇ ਭੀ ਵਿਕਾਰਾਂ ਵਲੋਂ ਮੁੜਿਆ ਨਹੀਂ ॥੫॥
30686	710	ਕਹਿ ਰਵਿਦਾਸ ਕਹਾ ਕੈਸੇ ਕੀਜੈ॥		Kehi Ravidhaas Kehaa Kaisae Keejai ||	Says Ravi Daas, what am I to do now?	ਰਵਿਦਾਸ ਆਖਦਾ ਹੈ-ਹੋਰ ਕਿੱਥੇ ਜਾਵਾਂ? ਹੋਰ ਕੀਹ ਕਰਾਂ?
30687	710	ਬਿਨੁ ਰਘੁਨਾਥ ਸਰਨਿ ਕਾ ਕੀ ਲੀਜੈ॥੬॥੧॥		Bin Raghunaathh Saran Kaa Kee Leejai ||6||1||	Without the Sanctuary of the Lord's Protection, who else's should I seek? ||6||1||	(ਇਹਨਾਂ ਵਿਕਾਰਾਂ ਤੋਂ ਬਚਣ ਲਈ) ਪਰਮਾਤਮਾ ਤੋਂ ਬਿਨਾ ਹੋਰ ਕਿਸੇ ਦਾ ਆਸਰਾ ਲਿਆ ਨਹੀਂ ਜਾ ਸਕਦਾ ॥੬॥੧॥

30688	711	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30689	711	ਰਾਗੁ ਟੋਡੀ ਮਹਲਾ ੪ ਘਰੁ ੧॥		Raag Ttoddee Mehalaa 4 Ghar 1 ||	Raag Todee, Chau-Padas, Fourth Mehl, First House:	ਰਾਗ ਟੋਡੀ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
30690	711	ਹਰਿ ਬਿਨੁ ਰਹਿ ਨ ਸਕੈ ਮਨੁ ਮੇਰਾ॥		Har Bin Rehi N Sakai Man Maeraa ||	Without the Lord, my mind cannot survive.	ਹੇ ਭਾਈ! ਮੇਰਾ ਮਨ ਪਰਮਾਤਮਾ ਦੀ ਯਾਦ ਤੋਂ ਬਿਨਾ ਰਹਿ ਨਹੀਂ ਸਕਦਾ।
30691	711	ਮੇਰੇ ਪ੍ਰੀਤਮ ਪ੍ਰਾਨ ਹਰਿ ਪ੍ਰਭੁ ਗੁਰੁ ਮੇਲੇ ਬਹੁਰਿ ਨ ਭਵਜਲਿ ਫੇਰਾ॥੧॥ਰਹਾਉ॥		Maerae Preetham Praan Har Prabh Gur Maelae Bahur N Bhavajal Faeraa ||1|| Rehaao ||	If the Guru unites me with my Beloved Lord God, my breath of life, then I shall not have to face the wheel of reincarnation again in the terrifying world-ocean. ||1||Pause||	ਗੁਰੂ (ਜਿਸ ਮਨੁੱਖ ਨੂੰ) ਜਿੰਦ ਦਾ ਪਿਆਰਾ ਪ੍ਰਭੂ ਮਿਲਾ ਦੇਂਦਾ ਹੈ, ਉਸ ਨੂੰ ਸੰਸਾਰ-ਸਮੁੰਦਰ ਵਿਚ ਮੁੜ ਨਹੀਂ ਆਉਣਾ ਪੈਂਦਾ ॥੧॥ ਰਹਾਉ ॥

30692	711	ਮੇਰੈ ਹੀਅਰੈ ਲੋਚ ਲਗੀ ਪ੍ਰਭ ਕੇਰੀ ਹਰਿ ਨੈਨਹੁ ਹਰਿ ਪ੍ਰਭੁ ਹੇਰਾ॥	(ਹੇਰਾ) ਦੇਖਾਂ	Maerai Heearai Loch Lagee Prabh Kaeree Har Nainahu Har Prabh Haeraa ||	My heart is gripped by a yearning for my Lord God, and with my eyes, I behold my Lord God.	ਹੇ ਭਾਈ! ਮੇਰੇ ਹਿਰਦੇ ਵਿਚ ਪ੍ਰਭੂ (ਦੇ ਮਿਲਾਪ) ਦੀ ਤਾਂਘ ਲੱਗੀ ਹੋਈ ਸੀ (ਮੇਰਾ ਜੀ ਕਰਦਾ ਸੀ ਕਿ) ਮੈਂ (ਆਪਣੀਆਂ) ਅੱਖਾਂ ਨਾਲ ਹਰੀ-ਪ੍ਰਭੂ ਨੂੰ ਵੇਖ ਲਵਾਂ।
30693	711	ਸਤਿਗੁਰਿ ਦਇਆਲਿ ਹਰਿ ਨਾਮੁ ਦ੍ਰਿੜਾਇਆ ਹਰਿ ਪਾਧਰੁ ਹਰਿ ਪ੍ਰਭ ਕੇਰਾ॥੧॥	(ਪਾਧਰੁ) ਰਸਤਾ	Sathigur Dhaeiaal Har Naam Dhrirraaeiaa Har Paadhhar Har Prabh Kaeraa ||1||	The merciful True Guru has implanted the Name of the Lord within me; this is the Path leading to my Lord God. ||1||	ਦਇਆਲ ਗੁਰੂ ਨੇ ਪਰਮਾਤਮਾ ਦਾ ਨਾਮ ਮੇਰੇ ਹਿਰਦੇ ਵਿਚ ਪੱਕਾ ਕਰ ਦਿੱਤਾ-ਇਹੀ ਹੈ ਹਰੀ-ਪ੍ਰਭੂ (ਨੂੰ ਮਿਲਣ) ਦਾ ਪੱਧਰਾ ਰਸਤਾ ॥੧॥
30694	711	ਹਰਿ ਰੰਗੀ ਹਰਿ ਨਾਮੁ ਪ੍ਰਭ ਪਾਇਆ ਹਰਿ ਗੋਵਿੰਦ ਹਰਿ ਪ੍ਰਭ ਕੇਰਾ॥		Har Rangee Har Naam Prabh Paaeiaa Har Govindh Har Prabh Kaeraa ||	Through the Lord's Love, I have found the Naam, the Name of my Lord God, the Lord of the Universe, the Lord my God.	ਹੇ ਭਾਈ! ਅਨੇਕਾਂ ਕੌਤਕਾਂ ਦੇ ਮਾਲਕ ਹਰੀ ਪ੍ਰਭੂ ਗੋਬਿੰਦ ਦਾ ਨਾਮ ਜਿਸ ਮਨੁੱਖ ਨੇ ਪ੍ਰਾਪਤ ਕਰ ਲਿਆ,
30695	711	ਹਰਿ ਹਿਰਦੈ ਮਨਿ ਤਨਿ ਮੀਠਾ ਲਾਗਾ ਮੁਖਿ ਮਸਤਕਿ ਭਾਗੁ ਚੰਗੇਰਾ॥੨॥		Har Hiradhai Man Than Meethaa Laagaa Mukh Masathak Bhaag Changaeraa ||2||	The Lord seems so very sweet to my heart, mind and body; upon my face, upon my forehead, my good destiny is inscribed. ||2||	ਉਸ ਦੇ ਹਿਰਦੇ ਵਿਚ, ਉਸ ਦੇ ਮਨ ਵਿਚ ਸਰੀਰ ਵਿਚ, ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ, ਉਸ ਦੇ ਮੱਥੇ ਉੱਤੇ ਮੂੰਹ ਉੱਤੇ ਚੰਗਾ ਭਾਗ ਜਾਗ ਪੈਂਦਾ ਹੈ ॥੨॥

30696	711	ਲੋਭ ਵਿਕਾਰ ਜਿਨਾ ਮਨੁ ਲਾਗਾ ਹਰਿ ਵਿਸਰਿਆ ਪੁਰਖੁ ਚੰਗੇਰਾ॥		Lobh Vikaar Jinaa Man Laagaa Har Visariaa Purakh Changaeraa ||	Those whose minds are attached to greed and corruption forget the Lord, the good Lord God.	ਪਰ, ਹੇ ਭਾਈ! ਜਿਨ੍ਹਾਂ ਮਨੁੱਖਾਂ ਦਾ ਮਨ ਲੋਭ ਆਦਿਕ ਵਿਕਾਰਾਂ ਵਿਚ ਮਸਤ ਰਹਿੰਦਾ ਹੈ, ਉਹਨਾਂ ਨੂੰ ਚੰਗਾ ਅਕਾਲ ਪੁਰਖ ਭੁੱਲਿਆ ਰਹਿੰਦਾ ਹੈ।
30697	711	ਓਇ ਮਨਮੁਖ ਮੂੜ ਅਗਿਆਨੀ ਕਹੀਅਹਿ ਤਿਨ ਮਸਤਕਿ ਭਾਗੁ ਮੰਦੇਰਾ॥੩॥		Oue Manamukh Moorr Agiaanee Keheeahi Thin Masathak Bhaag Mandhaeraa ||3||	Those self-willed manmukhs are called foolish and ignorant; misfortune and bad destiny are written on their foreheads. ||3||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਉਹ ਮਨੁੱਖ ਮੂਰਖ ਕਹੇ ਜਾਂਦੇ ਹਨ, ਆਤਮਕ ਜੀਵਨ ਵਲੋਂ ਬੇ-ਸਮਝ ਆਖੇ ਜਾਂਦੇ ਹਨ। ਉਹਨਾਂ ਦੇ ਮੱਥੇ ਉਤੇ ਮੰਦੀ ਕਿਸਮਤ (ਉੱਘੜੀ ਹੋਈ ਸਮਝ ਲਵੋ) ॥੩॥
30698	711	ਬਿਬੇਕ ਬੁਧਿ ਸਤਿਗੁਰ ਤੇ ਪਾਈ ਗੁਰ ਗਿਆਨੁ ਗੁਰੂ ਪ੍ਰਭ ਕੇਰਾ॥	(ਬਿਬੇਕ) ਪਰਖ ਕਰਨ ਵਾਲੀ	Bibaek Budhh Sathigur Thae Paaee Gur Giaan Guroo Prabh Kaeraa ||	From the True Guru, I have obtained a discriminating intellect; the Guru has revealed the spiritual wisdom of God.	ਉਹਨਾਂ ਮਨੁੱਖਾਂ ਨੇ ਗੁਰੂ ਪਾਸੋਂ ਚੰਗੇ ਮੰਦੇ ਕੰਮ ਦੀ ਪਰਖ ਕਰਨ ਵਾਲੀ ਅਕਲ ਹਾਸਲ ਕਰ ਲਈ, ਉਹਨਾਂ ਨੇ ਪਰਮਾਤਮਾ ਦੇ ਮਿਲਾਪ ਵਾਸਤੇ ਗੁਰੂ ਪਾਸੋਂ ਆਤਮਕ ਜੀਵਨ ਦੀ ਸੂਝ ਪ੍ਰਾਪਤ ਕਰ ਲਈ,
30699	711	ਜਨ ਨਾਨਕ ਨਾਮੁ ਗੁਰੂ ਤੇ ਪਾਇਆ ਧੁਰਿ ਮਸਤਕਿ ਭਾਗੁ ਲਿਖੇਰਾ॥੪॥੧॥		Jan Naanak Naam Guroo Thae Paaeiaa Dhhur Masathak Bhaag Likhaeraa ||4||1||	Servant Nanak has obtained the Naam from the Guru; such is the destiny inscribed upon his forehead. ||4||1||	ਹੇ ਦਾਸ ਨਾਨਕ! ਜਿਨ੍ਹਾਂ ਦੇ ਮੱਥੇ ਉਤੇ ਧੁਰੋਂ ਲਿਖਿਆ ਚੰਗਾ ਭਾਗ ਉੱਘੜ ਪਿਆ, ਉਹਨਾਂ ਨੇ ਗੁਰੂ ਪਾਸੋਂ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲਿਆ ॥੪॥੧॥

30700	711	ਟੋਡੀ ਮਹਲਾ ੫ ਘਰੁ ੧ ਦੁਪਦੇ		Ttoddee Mehalaa 5 Ghar 1 Dhupadhae	Todee, Fifth Mehl, First House, Du-Padas:	ਰਾਗ ਟੋਡੀ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
30701	711	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30702	711	ਸੰਤਨ ਅਵਰ ਨ ਕਾਹੂ ਜਾਨੀ॥	(ਪਾਖੁ) ਪੱਖ	Santhan Avar N Kaahoo Jaanee ||	The Saints do not know any other.	ਹੇ ਭਾਈ! ਸੰਤ ਜਨ ਕਿਸੇ ਹੋਰ ਦੀ (ਮੁਥਾਜੀ ਕਰਨੀ) ਨਹੀਂ ਜਾਣਦੇ।
30703	711	ਬੇਪਰਵਾਹ ਸਦਾ ਰੰਗਿ ਹਰਿ ਕੈ ਜਾ ਕੋ ਪਾਖੁ ਸੁਆਮੀ॥ਰਹਾਉ॥		Baeparavaah Sadhaa Rang Har Kai Jaa Ko Paakh Suaamee || Rehaao ||	They are carefree, ever in the Lord's Love; the Lord and Master is on their side. ||Pause||	ਜਿਨ੍ਹਾਂ ਦੀ ਮਦਦ ਪਰਮਾਤਮਾ ਕਰਦਾ ਹੈ ਉਹ ਪਰਮਾਤਮਾ ਦੇ ਪਿਆਰ ਵਿਚ (ਟਿਕ ਕੇ) ਸਦਾ ਬੇ-ਪਰਵਾਹ ਰਹਿੰਦੇ ਹਨ ਰਹਾਉ॥
30704	711	ਊਚ ਸਮਾਨਾ ਠਾਕੁਰ ਤੇਰੋ ਅਵਰ ਨ ਕਾਹੂ ਤਾਨੀ॥	ਪ੍ਰਤਾਪ ਦਾ (ਸਮਾਨਾ) ਚੰਦੋਆ। (ਤਾਨੀ) ਤਾਣਿਆ	Ooch Samaanaa Thaakur Thaero Avar N Kaahoo Thaanee ||	Your canopy is so high, O Lord and Master; no one else has any power.	(ਹੇ ਭਾਈ! ਉਹ ਸੰਤ ਜਨ ਇਉਂ ਆਖਦੇ ਰਹਿੰਦੇ ਹਨ-) ਹੇ ਮਾਲਕ-ਪ੍ਰਭੂ! ਤੇਰਾ ਸ਼ਾਮਿਆਨਾ (ਸਭ ਸ਼ਾਹਾਂ ਪਾਤਿਸ਼ਾਹਾਂ ਦੇ ਸ਼ਾਮਿਆਨਿਆਂ ਨਾਲੋਂ) ਉੱਚਾ ਹੈ, ਕਿਸੇ ਹੋਰ ਨੇ (ਇਤਨਾ ਉੱਚਾ ਸ਼ਾਮਿਆਨਾ ਕਦੇ) ਨਹੀਂ ਤਾਣਿਆ।

30705	711	ਐਸੋ ਅਮਰੁ ਮਿਲਿਓ ਭਗਤਨ ਕਉ ਰਾਚਿ ਰਹੇ ਰੰਗਿ ਗਿਆਨੀ॥੧॥	(ਅਮਰੁ) ਹੁਕਮ, ਅਚੱਲ	Aiso Amar Miliou Bhagathan Ko Raach Rehae Rang Giaanee ||1||	Such is the immortal Lord and Master the devotees have found; the spiritually wise remain absorbed in His Love. ||1||	ਹੇ ਭਾਈ! ਸੰਤ ਜਨਾਂ ਨੂੰ ਇਹੋ ਜਿਹਾ ਸਦਾ ਕਾਇਮ ਰਹਿਣ ਵਾਲਾ ਹਰੀ ਮਿਲਿਆ ਰਹਿੰਦਾ ਹੈ, ਆਤਮਕ ਜੀਵਨ ਦੀ ਸੂਝ ਵਾਲੇ ਉਹ ਸੰਤ ਜਨ (ਸਦਾ) ਪਰਮਾਤਮਾ ਦੇ ਪ੍ਰੇਮ ਵਿਚ ਹੀ ਮਸਤ ਰਹਿੰਦੇ ਹਨ ॥੧॥
30706	711	ਰੋਗ ਸੋਗ ਦੁਖ ਜਰਾ ਮਰਾ ਹਰਿ ਜਨਹਿ ਨਹੀ ਨਿਕਟਾਨੀ॥	(ਜਰਾ) ਬੁਢੇਪਾ	Rog Sog Dhukh Jaraa Maraa Har Janehi Nehee Nikattaanee ||	Disease, sorrow, pain, old age and death do not even approach the humble servant of the Lord.	ਰੋਗ, ਚਿੰਤਾ-ਫ਼ਿਕਰ, ਬੁਢੇਪਾ, ਮੌਤ (-ਇਹਨਾਂ ਦੇ ਸਹਿਮ) ਪਰਮਾਤਮਾ ਦੇ ਸੇਵਕਾਂ ਦੇ ਨੇੜੇ ਭੀ ਨਹੀਂ ਢੁਕਦੇ।
30707	711	ਨਿਰਭਉ ਹੋਇ ਰਹੇ ਲਿਵ ਏਕੈ ਨਾਨਕ ਹਰਿ ਮਨੁ ਮਾਨੀ॥੨॥੧॥		Nirabho Hoe Rehae Liv Eaekai Naanak Har Man Maanee ||2||1||	They remain fearless, in the Love of the One Lord; O Nanak, they have surrendered their minds to the Lord. ||2||1||	ਹੇ ਨਾਨਕ! ਉਹ ਇਕ ਪਰਮਾਤਮਾ ਵਿਚ ਹੀ ਸੁਰਤ ਜੋੜ ਕੇ (ਦੁਨੀਆ ਦੇ ਡਰਾਂ ਵਲੋਂ) ਨਿਡਰ ਰਹਿੰਦੇ ਹਨ ਉਹਨਾਂ ਦਾ ਮਨ ਪ੍ਰਭੂ ਦੀ ਯਾਦ ਵਿਚ ਹੀ ਪਤੀਜਿਆ ਰਹਿੰਦਾ ਹੈ ॥੨॥੧॥
30708	711	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30709	711	ਹਰਿ ਬਿਸਰਤ ਸਦਾ ਖੁਆਰੀ॥		Har Bisarath Sadhaa Khuaaree ||	Forgetting the Lord, one is ruined forever.	ਹੇ ਭਾਈ! ਪਰਮਾਤਮਾ (ਦੇ ਨਾਮ) ਨੂੰ ਭੁਲਾਇਆਂ ਸਦਾ (ਮਾਇਆ ਦੇ ਹੱਥੋਂ ਮਨੁੱਖ ਦੀ) ਬੇ-ਪਤੀ ਹੀ ਹੁੰਦੀ ਹੈ।

30710	711	ਤਾ ਕਉ ਧੋਖਾ ਕਹਾ ਬਿਆਪੈ ਜਾ ਕਉ ਓਟ ਤੁਹਾਰੀ॥ਰਹਾਉ॥		Thaa Ko Dhhokhaa Kehaa Biaapai Jaa Ko Outt Thuhaaree || Rehaao ||	How can anyone be deceived, who has Your Support, O Lord? ||Pause||	ਹੇ ਪ੍ਰਭੂ! ਜਿਸ ਮਨੁੱਖ ਨੂੰ ਤੇਰਾ ਆਸਰਾ ਹੋਵੇ, ਉਸ ਨੂੰ (ਮਾਇਆ ਦੇ ਕਿਸੇ ਭੀ ਵਿਕਾਰ ਵੱਲੋਂ) ਧੋਖਾ ਨਹੀਂ ਲੱਗ ਸਕਦਾ ਰਹਾਉ॥
30711	712	ਬਿਨੁ ਸਿਮਰਨ ਜੋ ਜੀਵਨੁ ਬਲਨਾ ਸਰਪ ਜੈਸੇ ਅਰਜਾਰੀ॥	(ਬਲਨਾ)ਬਤੀਤ ਕਰਨਾ। (ਅਰਜਾਰੀ)ਉਮਰ	Bin Simaran Jo Jeevan Balanaa Sarap Jaisae Arajaaree ||	Without meditating in remembrance on the Lord, life is like a burning fire, even if one lives long, like a snake.	ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਜਿਤਨੀ ਭੀ ਜ਼ਿੰਦਗੀ ਗੁਜ਼ਾਰਨੀ ਹੈ (ਉਹ ਇਉਂ ਹੀ ਹੁੰਦੀ ਹੈ) ਜਿਵੇਂ ਸੱਪ (ਆਪਣੀ) ਉਮਰ ਗੁਜ਼ਾਰਦਾ ਹੈ (ਉਮਰ ਭਾਵੇਂ ਲੰਮੀ ਹੁੰਦੀ ਹੈ, ਪਰ ਉਹ ਸਦਾ ਆਪਣੇ ਅੰਦਰ ਜ਼ਹਿਰ ਪੈਦਾ ਕਰਦਾ ਰਹਿੰਦਾ ਹੈ)।
30712	712	ਨਵ ਖੰਡਨ ਕੋ ਰਾਜੁ ਕਮਾਵੈ ਅੰਤਿ ਚਲੈਗੋ ਹਾਰੀ॥੧॥		Nav Khanddan Ko Raaj Kamaavai Anth Chalaigo Haaree ||1||	One may rule over the nine regions of the earth, but in the end, he shall have to depart, losing the game of life. ||1||	(ਸਿਮਰਨ ਤੋਂ ਵਾਂਜਿਆ ਹੋਇਆ ਮਨੁੱਖ ਜੇ) ਸਾਰੀ ਧਰਤੀ ਦਾ ਰਾਜ ਭੀ ਕਰਦਾ ਰਹੇ, ਤਾਂ ਭੀ ਆਖ਼ਰ ਮਨੁੱਖਾ ਜੀਵਨ ਦੀ ਬਾਜ਼ੀ ਹਾਰ ਕੇ ਹੀ ਜਾਂਦਾ ਹੈ ॥੧॥
30713	712	ਗੁਣ ਨਿਧਾਨ ਗੁਣ ਤਿਨ ਹੀ ਗਾਏ ਜਾ ਕਉ ਕਿਰਪਾ ਧਾਰੀ॥		Gun Nidhhaan Gun Thin Hee Gaaeae Jaa Ko Kirapaa Dhhaaree ||	He alone sings the Glorious Praises of the Lord, the treasure of virtue, upon whom the Lord showers His Grace.	(ਹੇ ਭਾਈ!) ਗੁਣਾਂ ਦੇ ਖ਼ਜ਼ਾਨੇ ਹਰੀ ਦੇ ਗੁਣ ਉਸ ਮਨੁੱਖ ਨੇ ਹੀ ਗਾਏ ਹਨ ਜਿਸ ਉਤੇ ਹਰੀ ਨੇ ਮੇਹਰ ਕੀਤੀ ਹੈ।

30714	712	ਸੋ ਸੁਖੀਆ ਧੰਨੁ ਉਸੁ ਜਨਮਾ ਨਾਨਕ ਤਿਸੁ ਬਲਿਹਾਰੀ॥੨॥੨॥		So Sukheeaa Dhhann Ous Janamaa Naanak This Balihaaree ||2||2||	He is at peace, and his birth is blessed; Nanak is a sacrifice to him. ||2||2||	ਉਹ ਮਨੁੱਖ ਸਦਾ ਸੁਖੀ ਜੀਵਨ ਬਿਤੀਤ ਕਰਦਾ ਹੈ, ਉਸ ਦੀ ਜ਼ਿੰਦਗੀ ਮੁਬਾਰਿਕ ਹੁੰਦੀ ਹੈ। ਹੇ ਨਾਨਕ! (ਆਖ-) ਅਜੇਹੇ ਮਨੁੱਖ ਤੋਂ ਸਦਕੇ ਹੋਣਾ ਚਾਹੀਦਾ ਹੈ ॥੨॥੨॥
30715	712	ਟੋਡੀ ਮਹਲਾ ੫ ਘਰੁ ੨ ਚਉਪਦੇ		Ttoddee Mehalaa 5 Ghar 2 Choupadhae	Todee, Fifth Mehl, Second House, Chau-Padas:	ਰਾਗ ਟੋਡੀ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
30716	712	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30717	712	ਧਾਇਓ ਰੇ ਮਨ ਦਹ ਦਿਸ ਧਾਇਓ॥		Dhhaaeiou Rae Man Dheh Dhis Dhhaaeiou ||	The mind wanders, wandering in the ten directions.	ਹੇ ਮਨ! ਜੀਵ ਦਸੀਂ ਪਾਸੀਂ ਦੌੜਦਾ ਫਿਰਦਾ ਹੈ,
30718	712	ਮਾਇਆ ਮਗਨ ਸੁਆਦਿ ਲੋਭਿ ਮੋਹਿਓ ਤਿਨਿ ਪ੍ਰਭਿ ਆਪਿ ਭੁਲਾਇਓ॥ਰਹਾਉ॥		Maaeiaa Magan Suaadh Lobh Mohiou Thin Prabh Aap Bhulaaeiou || Rehaao ||	It is intoxicated by Maya, enticed by the taste of greed. God Himself has deluded it. ||Pause||	ਮਾਇਆ ਦੇ ਸੁਆਦ ਵਿਚ ਮਸਤ ਰਹਿੰਦਾ ਹੈ, ਲੋਭ ਵਿਚ ਮੋਹਿਆ ਰਹਿੰਦਾ ਹੈ, (ਪਰ ਜੀਵ ਦੇ ਭੀ ਕੀਹ ਵੱਸ?) ਉਸ ਪ੍ਰਭੂ ਨੇ ਆਪ ਹੀ ਇਸ ਨੂੰ ਕੁਰਾਹੇ ਪਾ ਰੱਖਿਆ ਹੈ ਰਹਾਉ॥

30719	712	ਹਰਿ ਕਥਾ ਹਰਿ ਜਸ ਸਾਧਸੰਗਤਿ ਸਿਉ ਇਕੁ ਮੁਹਤੁ ਨ ਇਹੁ ਮਨੁ ਲਾਇਓ॥		Har Kathhaa Har Jas Saadhhasangath Sio Eik Muhath N Eihu Man Laaeiou ||	He does not focus his mind, even for a moment, on the Lord's sermon, or the Lord's Praises, or the Saadh Sangat, the Company of the Holy.	ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਨਾਲ, ਸਾਧ ਸੰਗਤਿ ਨਾਲ, ਇਕ ਪਲ ਵਾਸਤੇ ਭੀ ਆਪਣਾ ਇਹ ਮਨ ਨਹੀਂ ਜੋੜਦਾ।
30720	712	ਬਿਗਸਿਓ ਪੇਖਿ ਰੰਗੁ ਕਸੁੰਭ ਕੋ ਪਰ ਗ੍ਰਿਹ ਜੋਹਨਿ ਜਾਇਓ॥੧॥		Bigasiou Paekh Rang Kasunbh Ko Par Grih Johan Jaaeiou ||1||	He is excited, gazing on the transitory color of the safflower, and looking at other men's wives. ||1||	ਕਸੁੰਭੇ ਦੇ ਫੁੱਲ ਦੇ ਰੰਗ ਵੇਖ ਕੇ ਖ਼ੁਸ਼ ਹੁੰਦਾ ਹੈ, ਪਰਾਏ ਘਰ ਤੱਕਣ ਤੁਰ ਪੈਂਦਾ ਹੈ ॥੧॥
30721	712	ਚਰਨਕਮਲ ਸਿਉ ਭਾਉ ਨ ਕੀਨੋ ਨਹ ਸਤ ਪੁਰਖੁ ਮਨਾਇਓ॥		Charan Kamal Sio Bhaao N Keeno Neh Sath Purakh Manaaeiou ||	He does not love the Lord's lotus feet, and he does not please the True Lord.	ਹੇ ਮਨ! ਤੂੰ ਪ੍ਰਭੂ ਦੇ ਸੋਹਣੇ ਚਰਨਾਂ ਨਾਲ ਪਿਆਰ ਨਹੀਂ ਪਾਇਆ, ਤੂੰ ਗੁਰੂ ਨੂੰ ਪ੍ਰਸੰਨ ਨਹੀਂ ਕੀਤਾ।
30722	712	ਧਾਵਤ ਕਉ ਧਾਵਹਿ ਬਹੁ ਭਾਤੀ ਜਿਉ ਤੇਲੀ ਬਲਦੁ ਭ੍ਰਮਾਇਓ॥੨॥	(ਧਾਵਤ) ਨਾਸਵੰਤ	Dhhaavath Ko Dhhaavehi Bahu Bhaathee Jio Thaelee Baladh Bhramaaeiou ||2||	He runs around chasing the fleeting objects of the world, in all directions, like the ox around the oil press. ||2||	ਨਾਸਵੰਤ ਪਦਾਰਥਾਂ ਦੀ ਖ਼ਾਤਰ ਤੂੰ ਦੌੜਦਾ ਫਿਰਦਾ ਹੈਂ (ਇਹ ਤੇਰੀ ਭਟਕਣਾ ਕਦੇ ਮੁੱਕਦੀ ਨਹੀਂ) ਜਿਵੇਂ ਤੇਲੀ ਦਾ ਬਲਦ (ਕੋਹਲੂ ਅੱਗੇ ਜੁੱਪ ਕੇ) ਤੁਰਦਾ ਰਹਿੰਦਾ ਹੈ (ਉਸ ਕੋਹਲੂ ਦੇ ਦੁਆਲੇ ਹੀ ਉਸ ਦਾ ਪੈਂਡਾ ਮੁੱਕਦਾ ਨਹੀਂ, ਮੁੜ ਮੁੜ ਉਸੇ ਦੇ ਦੁਆਲੇ ਤੁਰਿਆ ਫਿਰਦਾ ਹੈ) ॥੨॥

30723	712	ਨਾਮ ਦਾਨੁ ਇਸਨਾਨੁ ਨ ਕੀਓ ਇਕ ਨਿਮਖ ਨ ਕੀਰਤਿ ਗਾਇਓ॥		Naam Dhaan Eisanaan N Keeou Eik Nimakh N Keerath Gaaeiou ||	He does not practice the Naam, the Name of the Lord; nor does he practice charity or inner cleansing.	ਹੇ ਮਨ! (ਮਾਇਆ ਦੇ ਸੁਆਦ ਵਿਚ ਮਸਤ ਮਨੁੱਖ) ਪ੍ਰਭੂ ਦਾ ਨਾਮ ਨਹੀਂ ਜਪਦਾ, ਸੇਵਾ ਨਹੀਂ ਕਰਦਾ, ਜੀਵਨ ਪਵਿਤ੍ਰ ਨਹੀਂ ਬਣਾਂਦਾ, ਇਕ ਪਲ ਭਰ ਭੀ ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਹੀਂ ਕਰਦਾ।
30724	712	ਨਾਨਾ ਝੂਠਿ ਲਾਇ ਮਨੁ ਤੋਖਿਓ ਨਹ ਬੂਝਿਓ ਅਪਨਾਇਓ॥੩॥	(ਤੋਖਿਓ) ਪ੍ਰਸੰਨ ਕੀਤਾ। ਬੂੱਝਿਓ	Naanaa Jhooth Laae Man Thokhiou Neh Boojhiou Apanaaeiou ||3||	He does not sing the Kirtan of the Lord's Praises, even for an instant. Clinging to his many falsehoods, he does not please his own mind, and he does not understand his own self. ||3||	ਕਈ ਕਿਸਮ ਦੇ ਨਾਸਵੰਤ (ਜਗਤ) ਵਿਚ ਆਪਣੇ ਮਨ ਨੂੰ ਜੋੜ ਕੇ ਸੰਤੁਸ਼ਟ ਰਹਿੰਦਾ ਹੈ, ਆਪਣੇ ਅਸਲ ਪਦਾਰਥ ਨੂੰ ਨਹੀਂ ਪਛਾਣਦਾ ॥੩॥
30725	712	ਪਰਉਪਕਾਰ ਨ ਕਬਹੂ ਕੀਏ ਨਹੀ ਸਤਿਗੁਰੁ ਸੇਵਿ ਧਿਆਇਓ॥		Paroupakaar N Kabehoo Keeeae Nehee Sathigur Saev Dhiaaeiou ||	He never does good deeds for others; he does not serve or meditate on the True Guru.	ਹੇ ਮਨ! (ਮਾਇਆ-ਮਗਨ ਮਨੁੱਖ) ਕਦੇ ਹੋਰਨਾਂ ਦੀ ਸੇਵਾ-ਭਲਾਈ ਨਹੀਂ ਕਰਦਾ, ਗੁਰੂ ਦੀ ਸਰਨ ਪੈ ਕੇ ਪ੍ਰਭੂ ਦਾ ਨਾਮ ਨਹੀਂ ਸਿਮਰਦਾ,
30726	712	ਪੰਚ ਦੂਤ ਰਚਿ ਸੰਗਤਿ ਗੋਸਟਿ ਮਤਵਾਰੋ ਮਦ ਮਾਇਓ॥੪॥		Panch Dhooth Rach Sangath Gosatt Mathavaaro Madh Maaeiou ||4||	He is entangled in the company and the advice of the five demons, intoxicated by the wine of Maya. ||4||	(ਕਾਮਾਦਿਕ) ਪੰਜਾਂ ਵੈਰੀਆਂ ਨਾਲ ਸਾਥ ਬਣਾਈ ਰੱਖਦਾ ਹੈ, ਮੇਲ-ਮਿਲਾਪ ਰੱਖਦਾ ਹੈ, ਮਾਇਆ ਦੇ ਨਸ਼ੇ ਵਿਚ ਮਸਤ ਰਹਿੰਦਾ ਹੈ ॥੪॥

30727	712	ਕਰਉ ਬੇਨਤੀ ਸਾਧਸੰਗਤਿ ਹਰਿ ਭਗਤਿ ਵਛਲ ਸੁਣਿ ਆਇਓ॥	(ਵਛਲ) ਪਿਆਰ ਕਰਨ ਵਾਲੇ	Karo Baenathee Saadhhasangath Har Bhagath Vashhal Sun Aaeiou ||	I offer my prayer in the Saadh Sangat; hearing that the Lord is the Lover of His devotees, I have come.	ਮੈਂ (ਤਾਂ) ਸਾਧ ਸੰਗਤਿ ਵਿਚ ਜਾ ਕੇ ਬੇਨਤੀ ਕਰਦਾ ਹਾਂ-ਹੇ ਹਰੀ! ਮੈਂ ਇਹ ਸੁਣ ਕੇ ਤੇਰੀ ਸਰਨ ਆਇਆ ਹਾਂ ਕਿ ਤੂੰ ਭਗਤੀ ਨਾਲ ਪਿਆਰ ਕਰਨ ਵਾਲਾ ਹੈਂ।
30728	712	ਨਾਨਕ ਭਾਗਿ ਪਰਿਓ ਹਰਿ ਪਾਛੈ ਰਾਖੁ ਲਾਜ ਅਪੁਨਾਇਓ॥੫॥੧॥੩॥		Naanak Bhaag Pariou Har Paashhai Raakh Laaj Apunaaeiou ||5||1||3||	Nanak runs after the Lord, and pleads, ""Protect my honor, Lord, and make me Your own.""||5||1||3||	ਹੇ ਨਾਨਕ! (ਆਖ-) ਮੈਂ ਦੌੜ ਕੇ ਪ੍ਰਭੂ ਦੇ ਦਰ ਤੇ ਆ ਪਿਆ ਹਾਂ (ਤੇ ਬੇਨਤੀ ਕਰਦਾ ਹਾਂ-ਹੇ ਪ੍ਰਭੂ!) ਮੈਨੂੰ ਆਪਣਾ ਬਣਾ ਕੇ ਮੇਰੀ ਇੱਜ਼ਤ ਰੱਖ ॥੫॥੧॥੩॥
30729	712	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30730	712	ਮਾਨੁਖੁ ਬਿਨੁ ਬੂਝੇ ਬਿਰਥਾ ਆਇਆ॥	ਬੂੱਝੇ	Maanukh Bin Boojhae Birathhaa Aaeiaa ||	Without understanding, his coming into the world is useless.	ਹੇ ਭਾਈ! (ਜਨਮ-ਮਨੋਰਥ ਨੂੰ) ਸਮਝਣ ਤੋਂ ਬਿਨਾ ਮਨੁੱਖ (ਜਗਤ ਵਿਚ) ਆਇਆ ਵਿਅਰਥ ਹੀ ਜਾਣੋ।
30731	712	ਅਨਿਕ ਸਾਜ ਸੀਗਾਰ ਬਹੁ ਕਰਤਾ ਜਿਉ ਮਿਰਤਕੁ ਓਢਾਇਆ॥ਰਹਾਉ॥	ਕੱਪੜੇ (ਓਢਾਇਆ) ਪਹਿਨਣੇ	Anik Saaj Seegaar Bahu Karathaa Jio Mirathak Oudtaaeiaa || Rehaao ||	He puts on various ornaments and many decorations, but it is like dressing a corpse. ||Pause||	(ਜਨਮ-ਮਨੋਰਥ ਦੀ ਸੂਝ ਤੋਂ ਬਿਨਾ ਜੇ ਮਨੁੱਖ ਆਪਣੇ ਸਰੀਰ ਵਾਸਤੇ) ਅਨੇਕਾਂ ਸਿੰਗਾਰਾਂ ਦੀਆਂ ਬਨਾਵਟਾਂ ਕਰਦਾ ਹੈ (ਤਾਂ ਇਉਂ ਹੀ ਹੈ) ਜਿਵੇਂ ਮੁਰਦੇ ਨੂੰ ਕਪੜੇ ਪਾਏ ਜਾ ਰਹੇ ਹਨ ਰਹਾਉ॥

30732	712	ਧਾਇ ਧਾਇ ਕ੍ਰਿਪਨ ਸ੍ਰਮੁ ਕੀਨੋ ਇਕਤ੍ਰ ਕਰੀ ਹੈ ਮਾਇਆ॥	(ਧਾਇ) ਦੌੜ ਕੇ। (ਕ੍ਰਿਪਨ) ਸੂਮ। (ਸ੍ਰਮੁ) ਮਿਹਨਤ	Dhhaae Dhhaae Kirapan Sram Keeno Eikathr Karee Hai Maaeiaa ||	With great effort and exertion, the miser works to gather in the riches of Maya.	(ਹੇ ਭਾਈ! ਜੀਵਨ-ਮਨੋਰਥ ਦੀ ਸੂਝ ਤੋਂ ਬਿਨਾ ਮਨੁੱਖ ਇਉਂ ਹੀ ਹੈ, ਜਿਵੇਂ) ਕੋਈ ਸ਼ੂਮ ਦੌੜ-ਭੱਜ ਕਰ ਕਰ ਕੇ ਮੇਹਨਤ ਕਰਦਾ ਹੈ, ਮਾਇਆ ਜੋੜਦਾ ਹੈ,
30733	712	ਦਾਨੁ ਪੁੰਨੁ ਨਹੀ ਸੰਤਨ ਸੇਵਾ ਕਿਤ ਹੀ ਕਾਜਿ ਨ ਆਇਆ॥੧॥		Dhaan Punn Nehee Santhan Saevaa Kith Hee Kaaj N Aaeiaa ||1||	He does not give anything in charity or generosity, and he does not serve the Saints; his wealth does not do him any good at all. ||1||	(ਪਰ ਉਸ ਮਾਇਆ ਨਾਲ) ਉਹ ਦਾਨ-ਪੁੰਨ ਨਹੀਂ ਕਰਦਾ, ਸੰਤ ਜਨਾਂ ਦੀ ਸੇਵਾ ਭੀ ਨਹੀਂ ਕਰਦਾ। ਉਹ ਧਨ ਉਸ ਦੇ ਕਿਸੇ ਭੀ ਕੰਮ ਨਹੀਂ ਆਉਂਦਾ ॥੧॥
30734	712	ਕਰਿ ਆਭਰਣ ਸਵਾਰੀ ਸੇਜਾ ਕਾਮਨਿ ਥਾਟੁ ਬਨਾਇਆ॥	(ਆ-ਭਰਣ) ਗਹਣੇ। (ਥਾਟੁ) ਬਣਾਵਟ	Kar Aabharan Savaaree Saejaa Kaaman Thhaatt Banaaeiaa ||	The soul-bride puts on her ornaments, embellishes her bed, and fashions decorations.	(ਹੇ ਭਾਈ! ਆਤਮਕ ਜੀਵਨ ਦੀ ਸੂਝ ਤੋਂ ਬਿਨਾ ਮਨੁੱਖ ਇਉਂ ਹੀ ਹੈ, ਜਿਵੇਂ) ਕੋਈ ਇਸਤ੍ਰੀ ਗਹਣੇ ਪਾ ਕੇ ਆਪਣੀ ਸੇਜ ਸਵਾਰਦੀ ਹੈ, (ਸੁੰਦਰਤਾ ਦਾ) ਅਡੰਬਰ ਕਰਦੀ ਹੈ,
30735	712	ਸੰਗੁ ਨ ਪਾਇਓ ਅਪੁਨੇ ਭਰਤੇ ਪੇਖਿ ਪੇਖਿ ਦੁਖੁ ਪਾਇਆ॥੨॥		Sang N Paaeiou Apunae Bharathae Paekh Paekh Dhukh Paaeiaa ||2||	But if she does not obtain the company of her Husband Lord, the sight of these decorations only brings her pain. ||2||	ਪਰ ਉਸ ਨੂੰ ਆਪਣੇ ਖਸਮ ਦਾ ਮਿਲਾਪ ਹਾਸਲ ਨਹੀਂ ਹੁੰਦਾ। (ਉਹਨਾਂ ਗਹਣਿਆਂ ਆਦਿ ਨੂੰ) ਵੇਖ ਵੇਖ ਕੇ ਉਸ ਨੂੰ ਸਗੋਂ ਦੁੱਖ ਪ੍ਰਤੀਤ ਹੁੰਦਾ ਹੈ ॥੨॥

30736	712	ਸਾਰੋ ਦਿਨਸੁ ਮਜੂਰੀ ਕਰਤਾ ਤੁਹੁ ਮੂਸਲਹਿ ਛਰਾਇਆ॥	(ਤੁਹ)ਫੂਸ। (ਮੂਸਲ-ਹਿ) ਮੋਹਲੇ ਨਾਲ। (ਛਰਾਇਆ) ਛੜਨਾ, ਕੁਚਲਣਾ	Saaro Dhinas Majooree Karathaa Thuhu Moosalehi Shharaaeiaa ||	The man works all day long, threshing the husks with the pestle.	(ਨਾਮ-ਹੀਣ ਮਨੁੱਖ ਇਉਂ ਹੀ ਹੈ, ਜਿਵੇਂ) ਕੋਈ ਮਨੁੱਖ ਸਾਰਾ ਦਿਨ (ਇਹ) ਮਜ਼ੂਰੀ ਕਰਦਾ ਹੈ (ਕਿ) ਮੂਹਲੀ ਨਾਲ ਤੁਹ ਹੀ ਛੜਦਾ ਰਹਿੰਦਾ ਹੈ,
30737	712	ਖੇਦੁ ਭਇਓ ਬੇਗਾਰੀ ਨਿਆਈ ਘਰ ਕੈ ਕਾਮਿ ਨ ਆਇਆ॥੩॥	(ਖੇਦੁ) ਦੁਖ। (ਬੇਗਾਰੀ) ਬਿਨਾ ਮਜ਼ੂਰੀ ਮਿਲੇ ਕੰਮ ਕਰਨ ਵਾਲਾ	Khaedh Bhaeiou Baegaaree Niaaee Ghar Kai Kaam N Aaeiaa ||3||	He is depressed, like a forced laborer, and so he is of no use to his own home. ||3||	(ਜਾਂ) ਕਿਸੇ ਵਿਗਾਰੀ ਨੂੰ (ਵਿਗਾਰ ਵਿਚ ਨਿਰਾ) ਕਸ਼ਟ ਹੀ ਮਿਲਦਾ ਹੈ। (ਮਜ਼ੂਰ ਦੀ ਮਜ਼ੂਰੀ ਜਾਂ ਵਿਗਾਰੀ ਦੀ ਵਿਗਾਰ ਵਿਚੋਂ) ਉਹਨਾਂ ਦੇ ਆਪਣੇ ਕੰਮ ਕੁਝ ਭੀ ਨਹੀਂ ਆਉਂਦਾ ॥੩॥
30738	712	ਭਇਓ ਅਨੁਗ੍ਰਹੁ ਜਾ ਕਉ ਪ੍ਰਭ ਕੋ ਤਿਸੁ ਹਿਰਦੈ ਨਾਮੁ ਵਸਾਇਆ॥	(ਅ-ਨੁੱਗ੍ਰਹੁ) ਕ੍ਰਿਪਾ	Bhaeiou Anugrahu Jaa Ko Prabh Ko This Hiradhai Naam Vasaaeiaa ||	But when God shows His Mercy and Grace, He implants the Naam, the Name of the Lord, within the heart.	ਹੇ ਦਾਸ ਨਾਨਕ! (ਆਖ-ਹੇ ਭਾਈ!) ਜਿਸ ਮਨੁੱਖ ਉਤੇ ਪਰਮਾਤਮਾ ਦੀ ਕਿਰਪਾ ਹੁੰਦੀ ਹੈ, ਉਸ ਦੇ ਹਿਰਦੇ ਵਿਚ (ਪਰਮਾਤਮਾ ਆਪਣਾ) ਨਾਮ ਵਸਾਂਦਾ ਹੈ,
30739	712	ਸਾਧਸੰਗਤਿ ਕੈ ਪਾਛੈ ਪਰਿਅਉ ਜਨ ਨਾਨਕ ਹਰਿ ਰਸੁ ਪਾਇਆ ॥੪॥੨॥੪॥		Saadhhasangath Kai Paashhai Pariao Jan Naanak Har Ras Paaeiaa ||4||2||4||	Search the Saadh Sangat, the Company of the Holy, O Nanak, and find the sublime essence of the Lord. ||4||2||4||	ਉਹ ਮਨੁੱਖ ਸਾਧ ਸੰਗਤਿ ਦੀ ਸਰਨੀ ਪੈਂਦਾ ਹੈ, ਉਹ ਪਰਮਾਤਮਾ ਦੇ ਨਾਮ ਦਾ ਆਨੰਦ ਮਾਣਦਾ ਹੈ ॥੪॥੨॥੪॥
30740	712	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	

30741	712	ਕ੍ਰਿਪਾਨਿਧਿ ਬਸਹੁ ਰਿਦੈ ਹਰਿ ਨੀਤ॥		Kirapaa Nidhh Basahu Ridhai Har Neeth ||	O Lord, ocean of mercy, please abide forever in my heart.	ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਮੇਰੇ ਹਿਰਦੇ ਵਿਚ ਵੱਸਦਾ ਰਹੁ।
30742	712	ਤੈਸੀ ਬੁਧਿ ਕਰਹੁ ਪਰਗਾਸਾ ਲਾਗੈ ਪ੍ਰਭ ਸੰਗਿ ਪ੍ਰੀਤਿ॥ਰਹਾਉ॥		Thaisee Budhh Karahu Paragaasaa Laagai Prabh Sang Preeth || Rehaao ||	Please awaken such understanding within me, that I may be in love with You, God. ||Pause||	ਹੇ ਪ੍ਰਭੂ! ਮੇਰੇ ਅੰਦਰ ਇਹੋ ਜਿਹੀ ਅਕਲ ਦਾ ਚਾਨਣ ਕਰ, ਕਿ ਤੇਰੇ ਨਾਲ ਮੇਰੀ ਪ੍ਰੀਤ ਬਣੀ ਰਹੇ ਰਹਾਉ॥
30743	712	ਦਾਸ ਤੁਮਾਰੇ ਕੀ ਪਾਵਉ ਧੂਰਾ ਮਸਤਕਿ ਲੇ ਲੇ ਲਾਵਉ॥		Dhaas Thumaarae Kee Paavo Dhhooraa Masathak Lae Lae Laavo ||	Please, bless me with the dust of the feet of Your slaves; I touch it to my forehead.	ਹੇ ਪ੍ਰਭੂ! ਮੈਂ ਤੇਰੇ ਸੇਵਕ ਦੀ ਚਰਨ-ਧੂੜ ਪ੍ਰਾਪਤ ਕਰਾਂ, (ਉਹ ਚਰਨ-ਧੂੜ) ਲੈ ਲੈ ਕੇ ਮੈਂ (ਆਪਣੇ) ਮੱਥੇ ਉੱਤੇ ਲਾਂਦਾ ਰਹਾਂ।
30744	712	ਮਹਾ ਪਤਿਤ ਤੇ ਹੋਤ ਪੁਨੀਤਾ ਹਰਿ ਕੀਰਤਨ ਗੁਨ ਗਾਵਉ॥੧॥		Mehaa Pathith Thae Hoth Puneethaa Har Keerathan Gun Gaavo ||1||	I was a great sinner, but I have been made pure, singing the Kirtan of the Lord's Glorious Praises. ||1||	(ਹੇ ਪ੍ਰਭੂ! ਮੇਹਰ ਕਰ) ਮੈਂ ਤੇਰੀ ਸਿਫ਼ਤਿ-ਸਾਲਾਹ ਕਰਦਾ ਰਹਾਂ, ਮੈਂ ਤੇਰੇ ਗੁਣ ਗਾਂਦਾ ਰਹਾਂ (ਜਿਸ ਦੀ ਬਰਕਤਿ ਨਾਲ) ਵੱਡੇ ਵੱਡੇ ਵਿਕਾਰੀਆਂ ਤੋਂ ਭੀ ਪਵਿਤ੍ਰ ਹੋ ਜਾਂਦੇ ਹਨ ॥੧॥
30745	713	ਆਗਿਆ ਤੁਮਰੀ ਮੀਠੀ ਲਾਗਉ ਕੀਓ ਤੁਹਾਰੋ ਭਾਵਉ॥		Aagiaa Thumaree Meethee Laago Keeou Thuhaaro Bhaavo ||	Your Will seems so sweet to me; whatever You do, is pleasing to me.	(ਹੇ ਪ੍ਰਭੂ! ਮੇਹਰ ਕਰ) ਮੈਨੂੰ ਤੇਰੀ ਰਜ਼ਾ ਮਿੱਠੀ ਲੱਗਦੀ ਰਹੇ, ਮੈਨੂੰ ਤੇਰਾ ਕੀਤਾ ਚੰਗਾ ਲੱਗਦਾ ਰਹੇ।

30746	713	ਜੋ ਤੂ ਦੇਹਿ ਤਹੀ ਇਹੁ ਤ੍ਰਿਪਤੈ ਆਨ ਨ ਕਤਹੂ ਧਾਵਉ॥੨॥		Jo Thoo Dhaehi Thehee Eihu Thripathai Aan N Kathehoo Dhhaavo ||2||	Whatever You give me, with that I am satisfied; I shall chase after no one else. ||2||	ਜੋ ਕੁਝ ਤੂੰ ਮੈਨੂੰ ਦੇਂਦਾ ਹੈਂ, ਉਸੇ ਵਿਚ ਹੀ (ਮੇਰਾ) ਇਹ ਮਨ ਸੰਤੁਸ਼ਟ ਰਹੇ, ਮੈਂ ਕਿਸੇ ਭੀ ਹੋਰ ਪਾਸੇ ਭਟਕਦਾ ਨਾਹ ਫਿਰਾਂ ॥੨॥
30747	713	ਸਦ ਹੀ ਨਿਕਟਿ ਜਾਨਉ ਪ੍ਰਭ ਸੁਆਮੀ ਸਗਲ ਰੇਣ ਹੋਇ ਰਹੀਐ॥		Sadh Hee Nikatt Jaano Prabh Suaamee Sagal Raen Hoe Reheeai ||	I know that my Lord and Master God is always with me; I am the dust of all men's feet.	ਹੇ ਮੇਰੇ ਮਾਲਕ-ਪ੍ਰਭੂ! ਮੈਂ ਤੈਨੂੰ ਸਦਾ ਆਪਣੇ ਨੇੜੇ (ਵੱਸਦਾ) ਜਾਣਦਾ ਰਹਾਂ। ਹੇ ਭਾਈ! ਸਭਨਾਂ ਦੇ ਚਰਨਾਂ ਦੀ ਧੂੜ ਬਣ ਕੇ ਰਹਿਣਾ ਚਾਹੀਦਾ ਹੈ।
30748	713	ਸਾਧੂਸੰਗਤਿ ਹੋਇ ਪਰਾਪਤਿ ਤਾ ਪ੍ਰਭੁ ਅਪੁਨਾ ਲਹੀਐ॥੩॥		Saadhhoo Sangath Hoe Paraapath Thaa Prabh Apunaa Leheeai ||3||	If I find the Saadh Sangat, the Company of the Holy, I shall obtain God. ||3||	ਜਦੋਂ ਗੁਰੂ ਦੀ ਸੰਗਤਿ ਹਾਸਲ ਹੁੰਦੀ ਹੈ, ਤਦੋਂ ਆਪਣੇ ਪ੍ਰਭੂ ਨੂੰ ਲੱਭ ਲਈਦਾ ਹੈ ॥੩॥
30749	713	ਸਦਾ ਸਦਾ ਹਮ ਛੋਹਰੇ ਤੁਮਰੇ ਤੂ ਪ੍ਰਭ ਹਮਰੋ ਮੀਰਾ॥	(ਛੋਹਰੇ) ਬੱਚੇ	Sadhaa Sadhaa Ham Shhoharae Thumarae Thoo Prabh Hamaro Meeraa ||	Forever and ever, I am Your child; You are my God, my King.	ਹੇ ਪ੍ਰਭੂ! ਅਸੀਂ ਜੀਵ ਸਦਾ ਹੀ ਤੇਰੇ ਅੰਞਾਣ ਬੱਚੇ ਹਾਂ, ਤੂੰ ਸਾਡੀ ਮਾਂ ਹੈ ਸਾਡਾ ਪਿਉ ਹੈਂ।
30750	713	ਨਾਨਕ ਬਾਰਿਕ ਤੁਮ ਮਾਤ ਪਿਤਾ ਮੁਖਿ ਨਾਮੁ ਤੁਮਾਰੋ ਖੀਰਾ॥੪॥੩॥੫॥		Naanak Baarik Thum Maath Pithaa Mukh Naam Thumaaro Kheeraa ||4||3||5||	Nanak is Your child; You are my mother and father; please, give me Your Name, like milk in my mouth. ||4||3||5||	ਹੇ ਨਾਨਕ! (ਆਖ-ਮੇਹਰ ਕਰ!) ਤੇਰਾ ਨਾਮ ਸਾਡੇ ਮੂੰਹ ਵਿਚ ਰਹੇ (ਜਿਵੇਂ) ਮਾਪੇ ਆਪਣੇ ਬੱਚੇ ਦੇ ਮੂੰਹ ਵਿਚ ਦੁੱਧ (ਪਾਂਦੇ ਰਹਿੰਦੇ ਹਨ) ॥੪॥੩॥੫॥

30751	713	ਟੋਡੀ ਮਹਲਾ ੫ ਘਰੁ ੨ ਦੁਪਦੇ	ਦੁ-ਪਦੇ:ਪੋਲਾ ਬੋਲੋ	Ttoddee Mehalaa 5 Ghar 2 Dhupadhae	Todee, Fifth Mehl, Second House, Du-Padas:	ਰਾਗ ਟੋਡੀ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
30752	713	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30753	713	ਮਾਗਉ ਦਾਨੁ ਠਾਕੁਰ ਨਾਮ॥		Maago Dhaan Thaakur Naam ||	I beg for the Gift of Your Name, O my Lord and Master.	ਹੇ ਮਾਲਕ ਪ੍ਰਭੂ! ਮੈਂ (ਤੇਰੇ ਪਾਸੋਂ ਤੇਰੇ) ਨਾਮ ਦਾ ਦਾਨ ਮੰਗਦਾ ਹਾਂ।
30754	713	ਅਵਰੁ ਕਛੂ ਮੇਰੈ ਸੰਗਿ ਨ ਚਾਲੈ ਮਿਲੈ ਕ੍ਰਿਪਾ ਗੁਣ ਗਾਮ॥੧॥ਰਹਾਉ॥		Avar Kashhoo Maerai Sang N Chaalai Milai Kirapaa Gun Gaam ||1|| Rehaao ||	Nothing else shall go along with me in the end; by Your Grace, please allow me to sing Your Glorious Praises. ||1||Pause||	ਕੋਈ ਭੀ ਹੋਰ ਚੀਜ਼ ਮੇਰੇ ਨਾਲ ਨਹੀਂ ਜਾ ਸਕਦੀ। ਜੇ ਤੇਰੀ ਕਿਰਪਾ ਹੋਵੇ, ਤਾਂ ਮੈਨੂੰ ਤੇਰੀ ਸਿਫ਼ਤਿ-ਸਾਲਾਹ ਮਿਲ ਜਾਏ ॥੧॥ ਰਹਾਉ ॥
30755	713	ਰਾਜੁ ਮਾਲੁ ਅਨੇਕ ਭੋਗ ਰਸ ਸਗਲ ਤਰਵਰ ਕੀ ਛਾਮ॥	(ਤਰਵਰ) ਰੁੱਖ। (ਛਾਮ) ਛਾਂ	Raaj Maal Anaek Bhog Ras Sagal Tharavar Kee Shhaam ||	Power, wealth, various pleasures and enjoyments, all are just like the shadow of a tree.	ਹੇ ਭਾਈ! ਹੁਕੂਮਤ, ਧਨ, ਤੇ, ਅਨੇਕਾਂ ਪਦਾਰਥਾਂ ਦੇ ਸੁਆਦ- ਇਹ ਸਾਰੇ ਰੁੱਖ ਦੀ ਛਾਂ ਵਰਗੇ ਹਨ (ਸਦਾ ਇੱਕ ਥਾਂ ਟਿਕੇ ਨਹੀਂ ਰਹਿ ਸਕਦੇ)।
30756	713	ਧਾਇ ਧਾਇ ਬਹੁ ਬਿਧਿ ਕਉ ਧਾਵੈ ਸਗਲ ਨਿਰਾਰਥ ਕਾਮ॥੧॥		Dhhaae Dhhaae Bahu Bidhh Ko Dhhaavai Sagal Niraarathh Kaam ||1||	He runs, runs, runs around in many directions, but all of his pursuits are useless. ||1||	ਮਨੁੱਖ (ਇਹਨਾਂ ਦੀ ਖ਼ਾਤਰ) ਸਦਾ ਹੀ ਕਈ ਤਰੀਕਿਆਂ ਨਾਲ ਦੌੜ-ਭੱਜ ਕਰਦਾ ਰਹਿੰਦਾ ਹੈ, ਪਰ ਉਸ ਦੇ ਸਾਰੇ ਕੰਮ ਵਿਅਰਥ ਚਲੇ ਜਾਂਦੇ ਹਨ ॥੧॥

30757	713	ਬਿਨੁ ਗੋਵਿੰਦ ਅਵਰੁ ਜੇ ਚਾਹਉ ਦੀਸੈ ਸਗਲ ਬਾਤ ਹੈ ਖਾਮ॥	(ਖਾਮ) ਕੱਚੀ ਨਾਸਵੰਤ	Bin Govindh Avar Jae Chaaho Dheesai Sagal Baath Hai Khaam ||	Except for the Lord of the Universe, everything he desires appears transitory.	(ਹੇ ਭਾਈ!) ਜੇ ਮੈਂ ਪਰਮਾਤਮਾ ਦੇ ਨਾਮ ਤੋਂ ਬਿਨਾ ਕੁਝ ਹੋਰ ਹੋਰ ਹੀ ਮੰਗਦਾ ਰਹਾਂ, ਤਾਂ ਇਹ ਸਾਰੀ ਗੱਲ ਕੱਚੀ ਹੈ।
30758	713	ਕਹੁ ਨਾਨਕ ਸੰਤ ਰੇਨ ਮਾਗਉ ਮੇਰੋ ਮਨੁ ਪਾਵੈ ਬਿਸ੍ਰਾਮ॥੨॥੧॥੬॥		Kahu Naanak Santh Raen Maago Maero Man Paavai Bisraam ||2||1||6||	Says Nanak, I beg for the dust of the feet of the Saints, so that my mind may find peace and tranquility. ||2||1||6||	ਨਾਨਕ ਆਖਦਾ ਹੈ- (ਹੇ ਭਾਈ!) ਮੈਂ ਤਾਂ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ, (ਤਾ ਕਿ) ਮੇਰਾ ਮਨ (ਦੁਨੀਆ ਵਾਲੀ ਦੌੜ-ਭੱਜ ਤੋਂ) ਟਿਕਾਣਾ ਹਾਸਲ ਕਰ ਸਕੇ ॥੨॥੧॥੬॥
30759	713	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30760	713	ਪ੍ਰਭ ਜੀ ਕੋ ਨਾਮੁ ਮਨਹਿ ਸਾਧਾਰੈ॥	(ਸਾਧਾਰੈ) ਆਸਰਾ ਦਿੰਦਾ	Prabh Jee Ko Naam Manehi Saadhhaarai ||	The Naam, the Name of the Dear Lord, is the Support of my mind.	ਹੇ ਭਾਈ! ਪ੍ਰਭੂ ਜੀ ਦਾ ਨਾਮ (ਹੀ) ਮਨ ਨੂੰ ਆਸਰਾ ਦੇਂਦਾ ਹੈ।
30761	713	ਜੀਅ ਪ੍ਰਾਨ ਸੂਖ ਇਸੁ ਮਨ ਕਉ ਬਰਤਨਿ ਏਹ ਹਮਾਰੈ॥੧॥ਰਹਾਉ॥		Jeea Praan Sookh Eis Man Ko Barathan Eaeh Hamaarai ||1|| Rehaao ||	It is my life, my breath of life, my peace of mind; for me, it is an article of daily use. ||1||Pause||	ਨਾਮ ਹੀ ਇਸ ਮਨ ਦੇ ਵਾਸਤੇ ਜਿੰਦ-ਜਾਨ ਹੈ, ਤੇ, ਸੁਖ ਹੈ। ਮੇਰੇ ਵਾਸਤੇ ਤਾਂ ਹਰਿ-ਨਾਮ ਹੀ ਹਰ ਵੇਲੇ ਕੰਮ ਆਉਣ ਵਾਲੀ ਚੀਜ਼ ਹੈ ॥੧॥ ਰਹਾਉ ॥

30762	713	ਨਾਮੁ ਜਾਤਿ ਨਾਮੁ ਮੇਰੀ ਪਤਿ ਹੈ ਨਾਮੁ ਮੇਰੈ ਪਰਵਾਰੈ॥		Naam Jaath Naam Maeree Path Hai Naam Maerai Paravaarai ||	The Naam is my social status, the Naam is my honor; the Naam is my family.	ਹੇ ਭਾਈ! ਪ੍ਰਭੂ ਦਾ ਨਾਮ (ਹੀ ਮੇਰੇ ਵਾਸਤੇ ਉੱਚੀ) ਜਾਤਿ ਹੈ, ਹਰਿ-ਨਾਮ ਹੀ ਮੇਰੀ ਇੱਜ਼ਤ ਹੈ, ਹਰਿ-ਨਾਮ ਹੀ ਮੇਰਾ ਪਰਵਾਰ ਹੈ।
30763	713	ਨਾਮੁ ਸਖਾਈ ਸਦਾ ਮੇਰੈ ਸੰਗਿ ਹਰਿ ਨਾਮੁ ਮੋਕਉ ਨਿਸਤਾਰੈ॥੧॥		Naam Sakhaaee Sadhaa Maerai Sang Har Naam Mo Ko Nisathaarai ||1||	The Naam is my companion; it is always with me. The Lord's Name is my emancipation. ||1||	ਪ੍ਰਭੂ ਦਾ ਨਾਮ (ਹੀ ਮੇਰਾ) ਮਿੱਤਰ ਹੈ (ਜੋ) ਸਦਾ ਮੇਰੇ ਨਾਲ ਰਹਿੰਦਾ ਹੈ। ਪਰਮਾਤਮਾ ਦਾ ਨਾਮ (ਹੀ) ਮੈਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲਾ ਹੈ ॥੧॥
30764	713	ਬਿਖੈ ਬਿਲਾਸ ਕਹੀਅਤ ਬਹੁਤੇਰੇ ਚਲਤ ਨ ਕਛੂ ਸੰਗਾਰੈ॥	(ਬਿਖੈ) ਵਿਸ਼ਿਆਂ ਦੇ (ਬਿਲਾਸ) ਭੋਗ। (ਬਹੁਤੇਰੇ) ਬਹੁਤੇ	Bikhai Bilaas Keheeath Bahuthaerae Chalath N Kashhoo Sangaarai ||	Sensual pleasures are talked about a lot, but none of them goes along with anyone in the end.	ਹੇ ਭਾਈ! ਵਿਸ਼ਿਆਂ ਦੇ ਭੋਗ ਬਥੇਰੇ ਦੱਸੇ ਜਾਂਦੇ ਹਨ, ਪਰ ਕੋਈ ਭੀ ਚੀਜ਼ ਮਨੁੱਖ ਦੇ ਨਾਲ ਨਹੀਂ ਜਾਂਦੀ।
30765	713	ਇਸਟੁ ਮੀਤੁ ਨਾਮੁ ਨਾਨਕ ਕੋ ਹਰਿ ਨਾਮੁ ਮੇਰੈ ਭੰਡਾਰੈ॥੨॥੨॥੭॥	(ਇਸਟੁ) ਪਿਆਰਾ	Eisatt Meeth Naam Naanak Ko Har Naam Maerai Bhanddaarai ||2||2||7||	The Naam is Nanak's dearest friend; the Lord's Name is my treasure. ||2||2||7||	(ਇਸ ਵਾਸਤੇ) ਨਾਨਕ ਦਾ ਸਭ ਤੋਂ ਪਿਆਰਾ ਮਿੱਤਰ ਪ੍ਰਭੂ ਦਾ ਨਾਮ (ਹੀ) ਹੈ। ਪ੍ਰਭੂ ਦਾ ਨਾਮ ਹੀ ਮੇਰੇ ਖ਼ਜ਼ਾਨੇ ਵਿਚ (ਧਨ) ਹੈ ॥੨॥੨॥੭॥
30766	713	ਟੋਡੀ ਮਃ ੫॥		Ttoddee Ma 5 ||	Todee, Fifth Mehl:	

30767	713	ਨੀਕੇ ਗੁਣ ਗਾਉ ਮਿਟਹੀ ਰੋਗ॥	(ਨੀਕੇ) ਉੱਤਮ	Neekae Gun Gaao Mittehee Rog ||	Sing the sublime Praises of the Lord, and your disease shall be eradicated.	ਹੇ ਭਾਈ! ਪਰਮਾਤਮਾ ਦੇ ਸੋਹਣੇ ਗੁਣ ਗਾਂਦਾ ਰਿਹਾ ਕਰ। (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ) ਸਾਰੇ ਰੋਗ ਮਿਟ ਜਾਂਦੇ ਹਨ।
30768	713	ਮੁਖ ਊਜਲ ਮਨੁ ਨਿਰਮਲ ਹੋਈ ਹੈ ਤੇਰੋ ਰਹੈ ਈਹਾ ਊਹਾ ਲੋਗੁ॥੧॥ਰਹਾਉ॥		Mukh Oojal Man Niramal Hoee Hai Thaero Rehai Eehaa Oohaa Log ||1|| Rehaao ||	Your face shall become radiant and bright, and your mind shall be immaculately pure. You shall be saved here and hereafter. ||1||Pause||	(ਇਸ ਤਰ੍ਹਾਂ) ਤੇਰਾ ਇਹ ਲੋਕ ਅਤੇ ਪਰਲੋਕ ਸੰਵਰ ਜਾਣਗੇ, ਮਨ ਪਵਿਤ੍ਰ ਹੋ ਜਾਇਗਾ, (ਲੋਕ ਪਰਲੋਕ ਵਿਚ) ਮੂੰਹ ਭੀ ਰੌਸ਼ਨ ਰਹੇਗਾ ॥੧॥ ਰਹਾਉ ॥
30769	713	ਚਰਨ ਪਖਾਰਿ ਕਰਉ ਗੁਰ ਸੇਵਾ ਮਨਹਿ ਚਰਾਵਉ ਭੋਗ॥		Charan Pakhaar Karo Gur Saevaa Manehi Charaavo Bhog ||	I wash the Guru's feet and serve Him; I dedicate my mind as an offering to Him.	ਹੇ ਭਾਈ! ਮੈਂ (ਤਾਂ) ਗੁਰੂ ਦੇ ਚਰਨ ਧੋ ਕੇ ਗੁਰੂ ਦੀ ਸੇਵਾ ਕਰਦਾ ਹਾਂ, ਆਪਣਾ ਮਨ ਗੁਰੂ ਅੱਗੇ ਭੇਟ ਕਰਦਾ ਹਾਂ (ਕਿਉਂਕਿ ਗੁਰੂ ਦੀ ਕਿਰਪਾ ਨਾਲ ਹੀ ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤੀ ਜਾ ਸਕਦੀ ਹੈ)।
30770	713	ਛੋਡਿ ਆਪਤੁ ਬਾਦੁ ਅਹੰਕਾਰਾ ਮਾਨੁ ਸੋਈ ਜੋ ਹੋਗੁ॥੧॥	(ਆ-ਪਤੁ)ਅਪਣੱਤ। (ਬਾਦੁ) ਝਗੜਾ	Shhodd Aapath Baadh Ahankaaraa Maan Soee Jo Hog ||1||	Renounce self-conceit, negativity and egotism, and accept what comes to pass. ||1||	ਹੇ ਭਾਈ! ਤੂੰ ਭੀ (ਗੁਰੂ ਦੀ ਸਰਨ ਪੈ ਕੇ) ਆਪਾ-ਭਾਵ, (ਮਾਇਆ ਵਾਲਾ) ਝਗੜਾ ਅਤੇ ਅਹੰਕਾਰ ਤਿਆਗ, ਜੋ ਕੁਝ ਪ੍ਰਭੂ ਦੀ ਰਜ਼ਾ ਵਿਚ ਹੁੰਦਾ ਹੈ ਉਸ ਨੂੰ (ਮਿੱਠਾ ਕਰ ਕੇ) ਮੰਨ ॥੧॥

30771	713	ਸੰਤ ਟਹਲ ਸੋਈ ਹੈ ਲਾਗਾ ਜਿਸੁ ਮਸਤਕਿ ਲਿਖਿਆ ਲਿਖੋਗੁ॥		Santh Ttehal Soee Hai Laagaa Jis Masathak Likhiaa Likhog ||	He alone commits himself to the service of the Saints, upon whose forehead such destiny is inscribed.	(ਪਰ) ਗੁਰੂ ਦੀ ਸੇਵਾ ਵਿਚ ਉਹੀ ਮਨੁੱਖ ਲੱਗਦਾ ਹੈ ਜਿਸ ਦੇ ਮੱਥੇ ਉਤੇ (ਧੁਰੋਂ ਇਹ) ਲੇਖ ਲਿਖਿਆ ਹੁੰਦਾ ਹੈ।
30772	713	ਕਹੁ ਨਾਨਕ ਏਕ ਬਿਨੁ ਦੂਜਾ ਅਵਰੁ ਨ ਕਰਣੈ ਜੋਗੁ॥੨॥੩॥੮॥		Kahu Naanak Eaek Bin Dhoojaa Avar N Karanai Jog ||2||3||8||	Says Nanak, other than the One Lord, there is not any other able to act. ||2||3||8||	ਨਾਨਕ ਆਖਦਾ ਹੈ- ਉਸ ਇਕ ਪਰਮਾਤਮਾ ਤੋਂ ਬਿਨਾ ਕੋਈ ਹੋਰ (ਇਹ ਮੇਹਰ) ਕਰਨ ਜੋਗਾ ਨਹੀਂ ਹੈ ॥੨॥੩॥੮॥
30773	713	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30774	713	ਸਤਿਗੁਰ ਆਇਓ ਸਰਣਿ ਤੁਹਾਰੀ॥		Sathigur Aaeiou Saran Thuhaaree ||	O True Guru, I have come to Your Sanctuary.	ਹੇ ਗੁਰੂ! ਮੈਂ ਤੇਰੀ ਸਰਨ ਆਇਆ ਹਾਂ।
30775	713	ਮਿਲੈ ਸੂਖੁ ਨਾਮੁ ਹਰਿ ਸੋਭਾ ਚਿੰਤਾ ਲਾਹਿ ਹਮਾਰੀ॥੧॥ਰਹਾਉ॥		Milai Sookh Naam Har Sobhaa Chinthaa Laahi Hamaaree ||1|| Rehaao ||	Grant me the peace and glory of the Lord's Name, and remove my anxiety. ||1||Pause||	ਮੇਰੀ ਚਿੰਤਾ ਦੂਰ ਕਰ (ਮੇਹਰ ਕਰ, ਤੇਰੇ ਦਰ ਤੋਂ ਮੈਨੂੰ) ਪਰਮਾਤਮਾ ਦਾ ਨਾਮ ਮਿਲ ਜਾਏ, (ਇਹੀ ਮੇਰੇ ਵਾਸਤੇ) ਸੁਖ (ਹੈ, ਇਹੀ ਮੇਰੇ ਵਾਸਤੇ) ਸੋਭਾ (ਹੈ) ॥੧॥ ਰਹਾਉ ॥

30776	713	ਅਵਰ ਨ ਸੂਝੈ ਦੂਜੀ ਠਾਹਰ ਹਾਰਿ ਪਰਿਓ ਤਉ ਦੁਆਰੀ॥	(ਠਾਹਰ) ਥਾਂ	Avar N Soojhai Dhoojee Thaahar Haar Pariou Tho Dhuaaree ||	I cannot see any other place of shelter; I have grown weary, and collapsed at Your door.	ਹੇ ਪ੍ਰਭੂ! (ਮੈਂ ਹੋਰ ਆਸਰਿਆਂ ਵਲੋਂ) ਹਾਰ ਕੇ ਤੇਰੇ ਦਰ ਤੇ ਆ ਪਿਆ ਹਾਂ, ਹੁਣ ਮੈਨੂੰ ਕੋਈ ਹੋਰ ਆਸਰਾ ਸੁੱਝਦਾ ਨਹੀਂ।
30777	713	ਲੇਖਾ ਛੋਡਿ ਅਲੇਖੈ ਛੂਟਹ ਹਮ ਨਿਰਗੁਨ ਲੇਹੁ ਉਬਾਰੀ॥੧॥		Laekhaa Shhodd Alaekhai Shhootteh Ham Niragun Laehu Oubaaree ||1||	Please ignore my account; only then may I be saved. I am worthless - please, save me! ||1||	ਹੇ ਪ੍ਰਭੂ ਅਸਾਂ ਜੀਵਾਂ ਦੇ ਕਰਮਾਂ ਦਾ ਲੇਖਾ ਨਾਹ ਕਰ, ਅਸੀਂ ਤਦੋਂ ਹੀ ਸੁਰਖ਼ਰੂ ਹੋ ਸਕਦੇ ਹਾਂ, ਜੇ ਸਾਡੇ ਕਰਮਾਂ ਦਾ ਲੇਖਾ ਨਾਹ ਹੀ ਕੀਤਾ ਜਾਏ। ਹੇ ਪ੍ਰਭੂ! ਸਾਨੂੰ ਗੁਣਹੀਨ ਜੀਵਾਂ ਨੂੰ (ਵਿਕਾਰਾਂ ਤੋਂ ਤੂੰ ਆਪ) ਬਚਾ ਲੈ ॥੧॥
30778	713	ਸਦ ਬਖਸਿੰਦੁ ਸਦਾ ਮਿਹਰਵਾਨਾ ਸਭਨਾ ਦੇਇ ਅਧਾਰੀ॥	ਬਖ-ਸਿੰਦੁ	Sadh Bakhasindh Sadhaa Miharavaanaa Sabhanaa Dhaee Adhhaaree ||	You are always forgiving, and always merciful; You give support to all.	ਹੇ ਭਾਈ! ਪਰਮਾਤਮਾ ਸਦਾ ਬਖ਼ਸ਼ਸ਼ ਕਰਨ ਵਾਲਾ ਹੈ, ਸਦਾ ਮੇਹਰ ਕਰਨ ਵਾਲਾ ਹੈ, ਉਹ ਸਭ ਜੀਵਾਂ ਨੂੰ ਆਸਰਾ ਦੇਂਦਾ ਹੈ।
30779	713	ਨਾਨਕ ਦਾਸ ਸੰਤ ਪਾਛੈ ਪਰਿਓ ਰਾਖਿ ਲੇਹੁ ਇਹ ਬਾਰੀ॥੨॥੪॥੯॥		Naanak Dhaas Santh Paashhai Pariou Raakh Laehu Eih Baaree ||2||4||9||	Slave Nanak follows the Path of the Saints; save him, O Lord, this time. ||2||4||9||	ਹੇ ਦਾਸ ਨਾਨਕ! (ਤੂੰ ਭੀ ਅਰਜ਼ੋਈ ਕਰ ਤੇ ਆਖ-) ਮੈਂ ਗੁਰੂ ਦੀ ਸਰਨ ਆ ਪਿਆ ਹਾਂ, ਮੈਨੂੰ ਇਸ ਜਨਮ ਵਿਚ (ਵਿਕਾਰਾਂ ਤੋਂ) ਬਚਾਈ ਰੱਖ ॥੨॥੪॥੯॥
30780	713	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	

30781	713	ਰਸਨਾ ਗੁਣ ਗੋਪਾਲ ਨਿਧਿ ਗਾਇਣ॥		Rasanaa Gun Gopaal Nidhh Gaaein ||	My tongue sings the Praises of the Lord of the world, the ocean of virtue.	ਹੇ ਭਾਈ! (ਸਾਰੇ ਸੁਖਾਂ ਦੇ) ਖ਼ਜ਼ਾਨੇ ਗੋਪਾਲ-ਪ੍ਰਭੂ ਦੇ ਗੁਣ ਜੀਭ ਨਾਲ ਗਾਂਵਿਆਂ-
30782	713	ਸਾਂਤਿ ਸਹਜੁ ਰਹਸੁ ਮਨਿ ਉਪਜਿਓ ਸਗਲੇ ਦੂਖ ਪਲਾਇਣ॥੧॥ਰਹਾਉ ॥	(ਰਹਸੁ) ਅਨੰਦ	Saanth Sehaj Rehas Man Oupajiou Sagalae Dhookh Palaaein ||1|| Rehaao ||	Peace, tranquility, poise and delight well up in my mind, and all sorrows run away. ||1||Pause||	ਮਨ ਵਿਚ ਸ਼ਾਂਤੀ ਪੈਦਾ ਹੋ ਜਾਂਦੀ ਹੈ, ਆਤਮਕ ਅਡੋਲਤਾ ਪੈਦਾ ਹੁੰਦੀ ਹੈ, ਸੁਖ ਪੈਦਾ ਹੁੰਦਾ ਹੈ, ਸਾਰੇ ਦੁੱਖ ਦੂਰ ਹੋ ਜਾਂਦੇ ਹਨ ॥੧॥ ਰਹਾਉ ॥
30783	714	ਜੋ ਮਾਗਹਿ ਸੋਈ ਸੋਈ ਪਾਵਹਿ ਸੇਵਿ ਹਰਿ ਕੇ ਚਰਣ ਰਸਾਇਣ॥	(ਰਸਾਇਣ) ਰਸਾਂ ਦੇ ਘਰ	Jo Maagehi Soee Soee Paavehi Saev Har Kae Charan Rasaaein ||	Whatever I ask for, I receive; I serve at the Lord's feet, the source of nectar.	ਹੇ ਭਾਈ! ਪ੍ਰਭੂ ਸਾਰੇ ਰਸਾਂ ਦਾ ਘਰ ਹੈ ਉਸ ਦੇ ਚਰਨ ਸੇਵ ਕੇ (ਮਨੁੱਖ) ਜੋ ਕੁਝ (ਉਸ ਦੇ ਦਰ ਤੋਂ) ਮੰਗਦੇ ਹਨ, ਉਹੀ ਕੁਝ ਪ੍ਰਾਪਤ ਕਰ ਲੈਂਦੇ ਹਨ,
30784	714	ਜਨਮ ਮਰਣ ਦੁਹਹੂ ਤੇ ਛੂਟਹਿ ਭਵਜਲੁ ਜਗਤੁ ਤਰਾਇਣ॥੧॥	ਦੁਹ-ਹੂ। ਜੱਗਤੁ	Janam Maran Dhuhehoo Thae Shhoottehi Bhavajal Jagath Tharaaein ||1||	I am released from the bondage of birth and death, and so I cross over the terrifying world-ocean. ||1||	(ਨਿਰਾ ਇਹੀ ਨਹੀਂ, ਪ੍ਰਭੂ ਦੀ ਸੇਵਾ-ਭਗਤੀ ਕਰਨ ਵਾਲੇ ਮਨੁੱਖ) ਜਨਮ ਅਤੇ ਮੌਤ ਦੋਹਾਂ ਤੋਂ ਬਚ ਜਾਂਦੇ ਹਨ, ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ ॥੧॥

30785	714	ਖੋਜਤ ਖੋਜਤ ਤਤੁ ਬੀਚਾਰਿਓ ਦਾਸ ਗੋਵਿੰਦ ਪਰਾਇਣ॥	(ਪਰਾਇਣ) ਆਸਰੇ	Khojath Khojath Thath Beechaariou Dhaas Govindh Paraaein ||	Searching and seeking, I have come to understand the essence of reality; the slave of the Lord of the Universe is dedicated to Him.	ਹੇ ਭਾਈ! ਖੋਜ ਕਰਦਿਆਂ ਕਰਦਿਆਂ ਪ੍ਰਭੂ ਦੇ ਦਾਸ ਅਸਲੀਅਤ ਵਿਚਾਰ ਲੈਂਦੇ ਹਨ, ਅਤੇ ਪ੍ਰਭੂ ਦੇ ਹੀ ਆਸਰੇ ਰਹਿੰਦੇ ਹਨ।
30786	714	ਅਬਿਨਾਸੀ ਖੇਮ ਚਾਹਹਿ ਜੇ ਨਾਨਕ ਸਦਾ ਸਿਮਰਿ ਨਾਰਾਇਣ॥੨॥੫॥੧੦॥		Abinaasee Khaem Chaahehi Jae Naanak Sadhaa Simar Naaraaein ||2||5||10||	If you desire eternal bliss, O Nanak, ever remember the Lord in meditation. ||2||5||10||	ਹੇ ਨਾਨਕ! (ਆਖ-ਹੇ ਭਾਈ!) ਜੇ ਤੂੰ ਕਦੇ ਨਾਹ ਮੁੱਕਣ ਵਾਲਾ ਸੁਖ ਲੋੜਦਾ ਹੈਂ, ਤਾਂ ਸਦਾ ਪਰਮਾਤਮਾ ਦਾ ਸਿਮਰਨ ਕਰਿਆ ਕਰ ॥੨॥੫॥੧੦॥
30787	714	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30788	714	ਨਿੰਦਕੁ ਗੁਰ ਕਿਰਪਾ ਤੇ ਹਾਟਿਓ॥		Nindhak Gur Kirapaa Thae Haattiou ||	The slanderer, by Guru's Grace, has been turned away.	ਹੇ ਭਾਈ! ਜਦੋਂ ਗੁਰੂ ਕਿਰਪਾ ਕਰਦਾ ਹੈ ਤਾਂ ਨਿੰਦਾ ਦੇ ਸੁਭਾਵ ਵਾਲਾ ਮਨੁੱਖ (ਨਿੰਦਾ ਕਰਨ ਤੋਂ) ਹਟ ਜਾਂਦਾ ਹੈ।

30789	714	ਪਾਰਬ੍ਰਹਮ ਪ੍ਰਭ ਭਏ ਦਇਆਲਾ ਸਿਵ ਕੈ ਬਾਣਿ ਸਿਰੁ ਕਾਟਿਓ॥੧॥ਰਹਾਉ ॥	(ਸਿਵ) ਕਲਿਆਣ ਸਰੂਪ ਵਾਹਿਗੁਰੂ ਜੀ ਦੇ ਨਾਮ ਰੂਪੀ ਬਾਣਿ	Paarabreham Prabh Bheae Dhaeiaalaa Siv Kai Baan Sir Kaattiou ||1|| Rehaao ||	The Supreme Lord God has become merciful; with Shiva's arrow, He shot his head off. ||1||Pause||	(ਜਿਸ ਨਿੰਦਕ ਉਤੇ) ਪ੍ਰਭੂ ਪਰਮਾਤਮਾ ਜੀ ਦਇਆਵਾਨ ਹੋ ਜਾਂਦੇ ਹਨ, ਕਲਿਆਣ-ਸਰੂਪ ਹਰਿ ਦੇ ਨਾਮ-ਤੀਰ ਨਾਲ (ਗੁਰੂ ਉਸ ਦਾ) ਸਿਰ ਕੱਟ ਦੇਂਦਾ ਹੈ (ਉਸ ਦੀ ਹਉਮੈ ਨਾਸ ਕਰ ਦੇਂਦਾ ਹੈ) ॥੧॥ ਰਹਾਉ ॥
30790	714	ਕਾਲੁ ਜਾਲੁ ਜਮੁ ਜੋਹਿ ਨ ਸਾਕੈ ਸਚ ਕਾ ਪੰਥਾ ਥਾਟਿਓ॥	(ਥਾਟਿਓ) ਰਚਿਆ	Kaal Jaal Jam Johi N Saakai Sach Kaa Panthhaa Thhaattiou ||	Death, and the noose of death, cannot see me; I have adopted the Path of Truth.	(ਹੇ ਭਾਈ! ਜਿਸ ਮਨੁੱਖ ਉਤੇ ਗੁਰੂ ਪ੍ਰਭੂ ਦਇਆਵਾਨ ਹੁੰਦੇ ਹਨ) ਉਸ ਮਨੁੱਖ ਨੂੰ ਆਤਮਕ ਮੌਤ, ਮਾਇਆ ਦਾ ਜਾਲ, ਮੌਤ ਦਾ ਡਰ (ਕੋਈ ਭੀ) ਤੱਕ ਭੀ ਨਹੀਂ ਸਕਦਾ, (ਕਿਉਂਕਿ ਗੁਰੂ ਦੀ ਕਿਰਪਾ ਨਾਲ ਉਹ ਮਨੁੱਖ) ਸਦਾ-ਥਿਰ ਹਰਿ-ਨਾਮ ਸਿਮਰਨ ਵਾਲਾ ਰਸਤਾ ਮੱਲ ਲੈਂਦਾ ਹੈ।
30791	714	ਖਾਤ ਖਰਚਤ ਕਿਛੁ ਨਿਖੁਟਤ ਨਾਹੀ ਰਾਮ ਰਤਨੁ ਧਨੁ ਖਾਟਿਓ॥੧॥	(ਨਿ-ਖੁੱਟਤ) ਮੁੱਕਦਾ	Khaath Kharachath Kishh Nikhuttath Naahee Raam Rathan Dhhan Khaattiou ||1||	I have earned the wealth, the jewel of the Lord's Name; eating and spending, it is never used up. ||1||	ਉਹ ਮਨੁੱਖ ਪਰਮਾਤਮਾ ਦਾ ਰਤਨ (ਵਰਗਾ ਕੀਮਤੀ) ਨਾਮ-ਧਨ ਖੱਟ ਲੈਂਦਾ ਹੈ। ਆਪ ਵਰਤਿਆਂ, ਹੋਰਨਾਂ ਨੂੰ ਵੰਡਦਿਆਂ ਇਹ ਧਨ ਰਤਾ ਭੀ ਨਹੀਂ ਮੁੱਕਦਾ ॥੧॥

30792	714	ਭਸਮਾ ਭੂਤ ਹੋਆ ਖਿਨ ਭੀਤਰਿ ਅਪਨਾ ਕੀਆ ਪਾਇਆ॥		Bhasamaa Bhooth Hoaa Khin Bheethar Apanaa Keeaa Paaeiaa ||	In an instant, the slanderer was reduced to ashes; he received the rewards of his own actions.	ਹੇ ਭਾਈ! (ਜਿਸ ਨਿੰਦਾ-ਸੁਭਾਵ ਕਰ ਕੇ, ਜਿਸ ਆਪਾ-ਭਾਵ ਕਰ ਕੇ, ਨਿੰਦਕ ਸਦਾ) ਦੁੱਖੀ ਹੁੰਦਾ ਰਹਿੰਦਾ ਸੀ, (ਪ੍ਰਭੂ ਦੇ ਦਇਆਲ ਹੋਇਆਂ, ਗੁਰੂ ਦੀ ਕਿਰਪਾ ਨਾਲ) ਇਕ ਛਿਨ ਵਿਚ ਹੀ ਉਸ ਸੁਭਾਵ ਦਾ ਨਾਮ-ਨਿਸ਼ਾਨ ਹੀ ਮਿਟ ਜਾਂਦਾ ਹੈ।
30793	714	ਆਗਮ ਨਿਗਮੁ ਕਹੈ ਜਨੁ ਨਾਨਕੁ ਸਭੁ ਦੇਖੈ ਲੋਕੁ ਸਬਾਇਆ॥੨॥੬॥੧੧॥		Aagam Nigam Kehai Jan Naanak Sabh Dhaekhai Lok Sabaaeiaa ||2||6||11||	Servant Nanak speaks the truth of the scriptures; the whole world is witness to it. ||2||6||11||	(ਇਸ ਅਸਚਰਜ ਤਬਦੀਲੀ ਨੂੰ) ਸਾਰਾ ਜਗਤ ਹੈਰਾਨ ਹੋ ਹੋ ਕੇ ਵੇਖਦਾ ਹੈ। ਦਾਸ ਨਾਨਕ ਇਹ ਅਗੰਮੀ ਰੱਬੀ ਖੇਡ ਬਿਆਨ ਕਰਦਾ ਹੈ ॥੨॥੬॥੧੧॥
30794	714	ਟੋਡੀ ਮਃ ੫॥		Ttoddee Ma 5 ||	Todee, Fifth Mehl:	
30795	714	ਕਿਰਪਨ ਤਨ ਮਨ ਕਿਲਵਿਖ ਭਰੇ॥	(ਕਿਰਪਨ) ਸੂਮ। (ਕਿਲਵਿਖ) ਪਾਪ	Kirapan Than Man Kilavikh Bharae ||	O miser, your body and mind are full of sin.	ਹੇ ਸ਼ੂਮ! (ਸੁਆਸਾਂ ਦੀ ਪੂੰਜੀ ਸਿਮਰਨ ਵਾਲੇ ਪਾਸੇ ਨਾਹ ਖ਼ਰਚਣ ਦੇ ਕਾਰਨ ਤੇਰਾ) ਮਨ ਤੇ ਸਰੀਰ ਪਾਪਾਂ ਨਾਲ ਭਰੇ ਪਏ ਹਨ।

30796	714	ਸਾਧਸੰਗਿ ਭਜਨੁ ਕਰਿ ਸੁਆਮੀ ਢਾਕਨ ਕਉ ਇਕੁ ਹਰੇ॥੧॥ਰਹਾਉ॥		Saadhhasang Bhajan Kar Suaamee Dtaakan Ko Eik Harae ||1|| Rehaao ||	In the Saadh Sangat, the Company of the Holy, vibrate, meditate on the Lord and Master; He alone can cover your sins. ||1||Pause||	ਹੇ ਸ਼ੂਮ! ਸਾਧ ਸੰਗਤਿ ਵਿਚ ਟਿਕ ਕੇ ਮਾਲਕ-ਪ੍ਰਭੂ ਦਾ ਭਜਨ ਕਰਿਆ ਕਰ। ਸਿਰਫ਼ ਉਹ ਪ੍ਰਭੂ ਹੀ ਇਹਨਾਂ ਪਾਪਾਂ ਉਤੇ ਪਰਦਾ ਪਾਣ ਦੇ ਸਮਰਥ ਹੈ ॥੧॥ ਰਹਾਉ ॥
30797	714	ਅਨਿਕ ਛਿਦ੍ਰ ਬੋਹਿਥ ਕੇ ਛੁਟਕਤ ਥਾਮ ਨ ਜਾਹੀ ਕਰੇ॥	(ਛਿਦ੍ਰ) ਛੇਕ। (ਥਾਮ)ਬੰਦ। ਛੁੱਟਕਤ	Anik Shhidhr Bohithh Kae Shhuttakath Thhaam N Jaahee Karae ||	When many holes appear in your boat, you cannot plug them with your hands.	ਹੇ ਸ਼ੂਮ! (ਸਿਮਰਨ ਤੋਂ ਸੁੰਞਾ ਰਹਿਣ ਦੇ ਕਾਰਨ ਤੇਰੇ ਸਰੀਰ-) ਜਹਾਜ਼ ਵਿਚ ਅਨੇਕਾਂ ਛੇਕ ਪੈ ਗਏ ਹਨ, (ਸਿਮਰਨ ਤੋਂ ਬਿਨਾ ਕਿਸੇ ਭੀ ਹੋਰ ਤਰੀਕੇ ਨਾਲ) ਇਹ ਛੇਕ ਬੰਦ ਨਹੀਂ ਕੀਤੇ ਜਾ ਸਕਦੇ।
30798	714	ਜਿਸ ਕਾ ਬੋਹਿਥੁ ਤਿਸੁ ਆਰਾਧੇ ਖੋਟੇ ਸੰਗਿ ਖਰੇ॥੧॥		Jis Kaa Bohithh This Aaraadhhae Khottae Sang Kharae ||1||	Worship and adore the One, to whom your boat belongs; He saves the counterfeit along with the genuine. ||1||	ਜਿਸ ਪਰਮਾਤਮਾ ਦਾ ਦਿੱਤਾ ਹੋਇਆ ਇਹ (ਸਰੀਰ) ਜਹਾਜ਼ ਹੈ, ਉਸ ਦੀ ਆਰਾਧਨਾ ਕਰਿਆ ਕਰ। ਉਸ ਦੀ ਸੰਗਤਿ ਵਿਚ ਖੋਟੇ (ਹੋ ਚੁਕੇ ਗਿਆਨ-ਇੰਦ੍ਰੇ) ਖਰੇ ਹੋ ਜਾਣਗੇ ॥੧॥
30799	714	ਗਲੀ ਸੈਲ ਉਠਾਵਤ ਚਾਹੈ ਓਇ ਊਹਾ ਹੀ ਹੈ ਧਰੇ॥	(ਸੈਲ) ਪਹਾੜ। ਗੱਲੀਂ	Galee Sail Outhaavath Chaahai Oue Oohaa Hee Hai Dhharae ||	People want to lift up the mountain with mere words, but it just stays there.	ਪਰ ਮਨੁੱਖ ਨਿਰੀਆਂ ਗੱਲਾਂ ਨਾਲ ਹੀ ਪਹਾੜ ਚੁੱਕਣੇ ਚਾਹੁੰਦਾ ਹੈ (ਨਿਰੀਆਂ ਗੱਲਾਂ ਨਾਲ) ਉਹ ਪਹਾੜ ਉੱਥੇ ਦੇ ਉੱਥੇ ਹੀ ਧਰੇ ਰਹਿ ਜਾਂਦੇ ਹਨ।

30800	714	ਜੋਰੁ ਸਕਤਿ ਨਾਨਕ ਕਿਛੁ ਨਾਹੀ ਪ੍ਰਭ ਰਾਖਹੁ ਸਰਣਿ ਪਰੇ॥੨॥੭॥੧੨॥		Jor Sakath Naanak Kishh Naahee Prabh Raakhahu Saran Parae ||2||7||12||	Nanak has no strength or power at all; O God, please protect me - I seek Your Sanctuary. ||2||7||12||	ਹੇ ਨਾਨਕ! (ਆਖ-) ਹੇ ਪ੍ਰਭੂ! (ਇਹਨਾਂ ਛਿਦ੍ਰਾਂ ਤੋਂ ਬਚਣ ਵਾਸਤੇ ਅਸਾਂ ਜੀਵਾਂ ਵਿਚ) ਕੋਈ ਜ਼ੋਰ ਨਹੀਂ ਕੋਈ ਤਾਕਤ ਨਹੀਂ। ਅਸੀਂ ਤੇਰੀ ਸਰਨ ਆ ਪਏ ਹਾਂ, ਸਾਨੂੰ ਤੂੰ ਆਪ ਬਚਾ ਲੈ ॥੨॥੭॥੧੨॥
30801	714	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30802	714	ਹਰਿ ਕੇ ਚਰਨਕਮਲ ਮਨਿ ਧਿਆਉ॥		Har Kae Charan Kamal Man Dhhiaao ||	Meditate on the lotus feet of the Lord within your mind.	ਹੇ ਭਾਈ! ਮੈਂ ਤਾਂ ਆਪਣੇ ਮਨ ਵਿਚ ਪਰਮਾਤਮਾ ਦੇ ਕੋਮਲ ਚਰਨਾਂ ਦਾ ਧਿਆਨ ਧਰਦਾ ਰਹਿੰਦਾ ਹਾਂ।
30803	714	ਕਾਢਿ ਕੁਠਾਰੁ ਪਿਤ ਬਾਤ ਹੰਤਾ ਅਉਖਧੁ ਹਰਿ ਕੋ ਨਾਉ॥੧॥ਰਹਾਉ॥	(ਕੁਠਾਰੁ) ਕੁਹਾੜਾ। (ਪਿਤ) ਕ੍ਰੋਧ। (ਬਾਤ) ਹੰਕਾਰ। (ਹੰਤਾ) ਨਾਸ਼ ਕਰਨ ਵਾਲਾ	Kaadt Kuthaar Pith Baath Hanthaa Aoukhadhh Har Ko Naao ||1|| Rehaao ||	The Name of the Lord is the medicine; it is like an axe, which destroys the diseases caused by anger and egotism. ||1||Pause||	ਪਰਮਾਤਮਾ ਦਾ ਨਾਮ (ਇਕ ਐਸੀ) ਦਵਾਈ ਹੈ ਜੇਹੜੀ (ਮਨੁੱਖ ਦੇ ਅੰਦਰੋਂ) ਕ੍ਰੋਧ ਅਤੇ ਅਹੰਕਾਰ (ਆਦਿਕ ਰੋਗ) ਪੂਰੀ ਤਰ੍ਹਾਂ ਕੱਢ ਦੇਂਦੀ ਹੈ (ਜਿਵੇਂ ਦਵਾਈ ਸਰੀਰ ਵਿਚੋਂ ਗਰਮੀ ਤੇ ਵਾਈ ਦੇ ਰੋਗ ਦੂਰ ਕਰਦੀ ਹੈ) ॥੧॥ ਰਹਾਉ ॥
30804	714	ਤੀਨੇ ਤਾਪ ਨਿਵਾਰਣਹਾਰਾ ਦੁਖ ਹੰਤਾ ਸੁਖ ਰਾਸਿ॥		Theenae Thaap Nivaaranehaaraa Dhukh Hanthaa Sukh Raas ||	The Lord is the One who removes the three fevers; He is the Destroyer of pain, the warehouse of peace.	ਹੇ ਭਾਈ! ਪਰਮਾਤਮਾ (ਦਾ ਨਾਮ ਮਨੁੱਖ ਦੇ ਅੰਦਰੋਂ ਆਧਿ ਵਿਆਧਿ ਉਪਾਧਿ) ਤਿੰਨੇ ਹੀ ਤਾਪ ਦੂਰ ਕਰਨ ਵਾਲਾ ਹੈ, ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਅਤੇ ਸੁਖਾਂ ਦਾ ਸਰਮਾਇਆ ਹੈ।

30805	714	ਤਾ ਕਉ ਬਿਘਨੁ ਨ ਕੋਊ ਲਾਗੈ ਜਾ ਕੀ ਪ੍ਰਭ ਆਗੈ ਅਰਦਾਸਿ॥੧॥		Thaa Ko Bighan N Kooo Laagai Jaa Kee Prabh Aagai Aradhaas ||1||	No obstacles block the path of one who prays before God. ||1||	ਜਿਸ ਮਨੁੱਖ ਦੀ ਅਰਦਾਸ ਸਦਾ ਪ੍ਰਭੂ ਦੇ ਦਰ ਤੇ ਜਾਰੀ ਰਹਿੰਦੀ ਹੈ, ਉਸ ਦੇ ਜੀਵਨ ਦੇ ਰਸਤੇ ਵਿਚ ਕੋਈ ਰੁਕਾਵਟ ਨਹੀ ਆਉਂਦੀ ॥੧॥
30806	714	ਸੰਤ ਪ੍ਰਸਾਦਿ ਬੈਦ ਨਾਰਾਇਣ ਕਰਣ ਕਾਰਣ ਪ੍ਰਭ ਏਕ॥		Santh Prasaadh Baidh Naaraaein Karan Kaaran Prabh Eaek ||	By the Grace of the Saints, the Lord has become my physician; God alone is the Doer, the Cause of causes.	ਹੇ ਭਾਈ! ਇਕ ਪਰਮਾਤਮਾ ਹੀ ਜਗਤ ਦਾ ਮੂਲ ਹੈ, (ਜੀਵਾਂ ਦੇ ਰੋਗ ਦੂਰ ਕਰਨ ਵਾਲਾ) ਹਕੀਮ ਹੈ। ਇਹ ਪ੍ਰਭੂ ਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30807	714	ਬਾਲ ਬੁਧਿ ਪੂਰਨ ਸੁਖਦਾਤਾ ਨਾਨਕ ਹਰਿ ਹਰਿ ਟੇਕ॥੨॥੮॥੧੩॥		Baal Budhh Pooran Sukhadhaathaa Naanak Har Har Ttaek ||2||8||13||	He is the Giver of perfect peace to the innocent-minded people; O Nanak, the Lord, Har, Har, is my support. ||2||8||13||	ਹੇ ਨਾਨਕ! ਜੇਹੜੇ ਮਨੁੱਖ ਆਪਣੇ ਅੰਦਰੋਂ ਚਤੁਰਾਈ ਦੂਰ ਕਰ ਦੇਂਦੇ ਹਨ, ਸਾਰੇ ਸੁਖ ਦੇਣ ਵਾਲਾ ਪਰਮਾਤਮਾ ਉਹਨਾਂ ਨੂੰ ਮਿਲ ਪੈਂਦਾ ਹੈ, ਉਹਨਾਂ (ਦੀ ਜ਼ਿੰਦਗੀ) ਦਾ ਸਹਾਰਾ ਬਣ ਜਾਂਦਾ ਹੈ ॥੨॥੮॥੧੩॥
30808	714	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30809	714	ਹਰਿ ਹਰਿ ਨਾਮੁ ਸਦਾ ਸਦ ਜਾਪਿ॥		Har Har Naam Sadhaa Sadh Jaap ||	Chant the Name of the Lord, Har, Har, forever and ever.	ਹੇ ਭਾਈ! ਸਦਾ ਹੀ ਪਰਮਾਤਮਾ ਦਾ ਨਾਮ ਜਪਿਆ ਕਰ।

30810	714	ਧਾਰਿ ਅਨੁਗ੍ਰਹੁ ਪਾਰਬ੍ਰਹਮ ਸੁਆਮੀ ਵਸਦੀ ਕੀਨੀ ਆਪਿ॥੧॥ਰਹਾਉ॥	(ਅਨੁਗ-ਰ੍ਹੁ) ਕ੍ਰਿਪਾ	Dhhaar Anugrahu Paarabreham Suaamee Vasadhee Keenee Aap ||1|| Rehaao ||	Showering His Kind Mercy, the Supreme Lord God Himself has blessed the town. ||1||Pause||	(ਜਿਸ ਭੀ ਮਨੁੱਖ ਨੇ ਪਰਮਾਤਮਾ ਦਾ ਨਾਮ ਜਪਿਆ ਹੈ) ਮਾਲਕ-ਪ੍ਰਭੂ ਨੇ ਆਪਣੀ ਮਿਹਰ ਕਰ ਕੇ (ਉਸ ਦੀ ਸੁੰਞੀ ਪਈ ਹਿਰਦਾ-ਨਗਰੀ ਨੂੰ ਸੋਹਣੇ ਆਤਮਕ ਗੁਣਾਂ ਨਾਲ) ਆਪ ਵਸਾ ਦਿੱਤਾ ॥੧॥ ਰਹਾਉ ॥
30811	714	ਜਿਸ ਕੇ ਸੇ ਫਿਰਿ ਤਿਨ ਹੀ ਸਮ੍ਹਾਲੇ ਬਿਨਸੇ ਸੋਗ ਸੰਤਾਪ॥		Jis Kae Sae Fir Thin Hee Samhaalae Binasae Sog Santhaap ||	The One who owns me, has again taken care of me; my sorrow and suffering is past.	ਹੇ ਭਾਈ! ਜਿਸ ਪ੍ਰਭੂ ਦੇ ਅਸੀਂ ਪੈਦਾ ਕੀਤੇ ਹੋਏ ਹਾਂ, ਉਹ ਪ੍ਰਭੂ (ਉਹਨਾਂ ਮਨੁੱਖਾਂ ਦੀ) ਆਪ ਸੰਭਾਲ ਕਰਦਾ ਹੈ (ਜੇਹੜੇ ਉਸ ਦਾ ਨਾਮ ਜਪਦੇ ਹਨ, ਉਹਨਾਂ ਦੇ ਸਾਰੇ) ਚਿੰਤਾ-ਫ਼ਿਕਰ ਦੁੱਖ-ਕਲੇਸ਼ ਨਾਸ ਹੋ ਜਾਂਦੇ ਹਨ।
30812	714	ਹਾਥ ਦੇਇ ਰਾਖੇ ਜਨ ਅਪਨੇ ਹਰਿ ਹੋਏ ਮਾਈ ਬਾਪ॥੧॥		Haathh Dhaee Raakhae Jan Apanae Har Hoeae Maaee Baap ||1||	He gave me His hand, and saved me, His humble servant; the Lord is my mother and father. ||1||	ਪਰਮਾਤਮਾ ਆਪਣੇ ਹੱਥ ਦੇ ਕੇ ਆਪਣੇ ਸੇਵਕਾਂ ਨੂੰ (ਚਿੰਤਾ-ਫ਼ਿਕਰਾਂ ਤੋਂ ਦੁੱਖਾਂ-ਕਲੇਸ਼ਾਂ ਤੋਂ) ਆਪ ਬਚਾਂਦਾ ਹੈ, ਉਹਨਾਂ ਦਾ ਮਾਂ ਪਿਉ ਬਣਿਆ ਰਹਿੰਦਾ ਹੈ ॥੧॥
30813	714	ਜੀਅ ਜੰਤ ਹੋਏ ਮਿਹਰਵਾਨਾ ਦਯਾ ਧਾਰੀ ਹਰਿ ਨਾਥ॥	ਦ-ਯਾ:ਦ ਮੁਕਤਾ, ਯਾ ਤਾਲੂ ਤੋਂ ਬੋਲੋ ਜੀ	Jeea Janth Hoeae Miharavaanaa Dhayaa Dhhaaree Har Naathh ||	All beings and creatures have become kind to me; my Lord and Master blessed me with His Kind Mercy.	ਹੇ ਭਾਈ! ਪਰਮਾਤਮਾ ਸਾਰੇ ਹੀ ਜੀਵਾਂ ਉਤੇ ਮਿਹਰ ਕਰਨ ਵਾਲਾ ਹੈ, ਉਹ ਖ਼ਸਮ ਪ੍ਰਭੂ ਸਭਨਾਂ ਉਤੇ ਦਇਆ ਕਰਦਾ ਹੈ।

30814	714	ਨਾਨਕ ਸਰਨਿ ਪਰੇ ਦੁਖਭੰਜਨ ਜਾ ਕਾ ਬਡ ਪਰਤਾਪ॥੨॥੯॥੧੪॥		Naanak Saran Parae Dhukh Bhanjan Jaa Kaa Badd Parathaap ||2||9||14||	Nanak seeks the Sanctuary of the Lord, the Destroyer of pain; His glory is so great! ||2||9||14||	ਹੇ ਨਾਨਕ! (ਆਖ-) ਮੈਂ ਉਸ ਪ੍ਰਭੂ ਦੀ ਸਰਨ ਪਿਆ ਹਾਂ, ਜੋ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਤੇ, ਜਿਸ ਦਾ ਤੇਜ-ਪ੍ਰਤਾਪ ਬਹੁਤ ਹੈ ॥੨॥੯॥੧੪॥
30815	714	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30816	714	ਸ੍ਵਾਮੀ ਸਰਨਿ ਪਰਿਓ ਦਰਬਾਰੇ॥	ਸੁਆਮੀ	Svaamee Saran Pariou Dharabaarae ||	O Lord and Master, I seek the Sanctuary of Your Court.	ਹੇ ਮਾਲਕ-ਪ੍ਰਭੂ! ਮੈਂ ਤੇਰੀ ਸਰਨ ਆ ਪਿਆ ਹਾਂ, ਮੈਂ ਤੇਰੇ ਦਰ ਤੇ (ਆ ਡਿੱਗਾ ਹਾਂ)।
30817	714	ਕੋਟਿ ਅਪਰਾਧ ਖੰਡਨ ਕੇ ਦਾਤੇ ਤੁਝ ਬਿਨੁ ਕਉਨੁ ਉਧਾਰੇ॥੧॥ਰਹਾਉ॥		Kott Aparaadhh Khanddan Kae Dhaathae Thujh Bin Koun Oudhhaarae ||1|| Rehaao ||	Destroyer of millions of sins, O Great Giver, other than You, who else can save me? ||1||Pause||	ਹੇ ਕ੍ਰੋੜਾਂ ਭੁੱਲਾਂ ਨਾਸ ਕਰਨ ਦੇ ਸਮਰਥ ਦਾਤਾਰ! ਤੈਥੋਂ ਬਿਨਾ ਹੋਰ ਕੌਣ ਮੈਨੂੰ ਭੁੱਲਾਂ ਤੋਂ ਬਚਾ ਸਕਦਾ ਹੈ? ॥੧॥ ਰਹਾਉ ॥
30818	714	ਖੋਜਤ ਖੋਜਤ ਬਹੁ ਪਰਕਾਰੇ ਸਰਬ ਅਰਥ ਬੀਚਾਰੇ॥		Khojath Khojath Bahu Parakaarae Sarab Arathh Beechaarae ||	Searching, searching in so many ways, I have contemplated all the objects of life.	ਹੇ ਭਾਈ! ਕਈ ਤਰੀਕਿਆਂ ਨਾਲ ਖੋਜ ਕਰ ਕਰ ਕੇ ਮੈਂ ਸਾਰੀਆਂ ਗੱਲਾਂ ਵਿਚਾਰੀਆਂ ਹਨ (ਤੇ, ਇਸ ਨਤੀਜੇ ਉਤੇ ਅੱਪੜਿਆ ਹਾਂ, ਕਿ)

30819	714	ਸਾਧਸੰਗਿ ਪਰਮਗਤਿ ਪਾਈਐ ਮਾਇਆ ਰਚਿ ਬੰਧਿ ਹਾਰੇ॥੧॥		Saadhhasang Param Gath Paaeeai Maaeiaa Rach Bandhh Haarae ||1||	In the Saadh Sangat, the Company of the Holy, the supreme state is attained. But those who are engrossed in the bondage of Maya, lose the game of life. ||1||	ਗੁਰੂ ਦੀ ਸੰਗਤਿ ਵਿਚ ਟਿਕਿਆਂ ਸਭ ਤੋਂ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲਈਦੀ ਹੈ, ਅਤੇ ਮਾਇਆ ਦੇ (ਮੋਹ ਦੇ) ਬੰਧਨ ਵਿਚ ਫਸ ਕੇ (ਮਨੁੱਖਾ ਜਨਮ ਦੀ ਬਾਜ਼ੀ) ਹਾਰ ਜਾਈਦੀ ਹੈ ॥੧॥
30820	715	ਚਰਨਕਮਲ ਸੰਗਿ ਪ੍ਰੀਤਿ ਮਨਿ ਲਾਗੀ ਸੁਰਿਜਨ ਮਿਲੇ ਪਿਆਰੇ॥	(ਸੁਰਿਜਨ) ਸਤਿਗੁਰੂ ਜੀ	Charan Kamal Sang Preeth Man Laagee Sur Jan Milae Piaarae ||	My mind is in love with the Lord's lotus feet; I have met the Beloved Guru, the noble, heroic being.	ਜਿਸ ਮਨੁੱਖ ਨੂੰ ਪਿਆਰੇ ਗੁਰਮੁਖਿ ਸੱਜਣ ਮਿਲ ਪੈਂਦੇ ਹਨ ਉਸ ਦੇ ਮਨ ਵਿਚ ਪਰਮਾਤਮਾ ਦੇ ਕੋਮਲ ਚਰਨਾਂ ਦਾ ਪਿਆਰ ਬਣ ਜਾਂਦਾ ਹੈ।
30821	715	ਨਾਨਕ ਅਨਦ ਕਰੇ ਹਰਿ ਜਪਿ ਜਪਿ ਸਗਲੇ ਰੋਗ ਨਿਵਾਰੇ॥੨॥੧੦॥੧੫॥	ਅਨ-ਦ	Naanak Anadh Karae Har Jap Jap Sagalae Rog Nivaarae ||2||10||15||	Nanak celebrates in bliss; chanting and meditating on the Lord, all sickness has been cured. ||2||10||15||	ਹੇ ਨਾਨਕ! ਉਹ ਮਨੁੱਖ ਪਰਮਾਤਮਾ ਦਾ ਨਾਮ ਜਪ ਜਪ ਕੇ ਆਤਮਕ ਆਨੰਦ ਮਾਣਦਾ ਹੈ ਅਤੇ ਉਹ (ਆਪਣੇ ਅੰਦਰੋਂ) ਸਾਰੇ ਰੋਗ ਦੂਰ ਕਰ ਲੈਂਦਾ ਹੈ ॥੨॥੧੦॥੧੫॥
30822	715	ਟੋਡੀ ਮਹਲਾ ੫ ਘਰੁ ੩ ਚਉਪਦੇ	ਚਉ-ਪਦੇ	Ttoddee Mehalaa 5 Ghar 3 Choupadhae	Todee, Fifth Mehl, Third House, Chau-Padas:	ਰਾਗ ਟੋਡੀ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
30823	715	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

30824	715	ਹਾਂ ਹਾਂ ਲਪਟਿਓ ਰੇ ਮੂੜੇ ਕਛੂ ਨ ਥੋਰੀ॥		Haan Haan Lapattiou Rae Moorrhae Kashhoo N Thhoree ||	Oh! Oh! You cling to Maya, you fool; this is not a trivial matter.	ਹੇ ਮੂਰਖ (ਮਨ)! ਮੈਂ ਸਮਝ ਲਿਆ ਹੈ ਕਿ ਤੂੰ (ਮਾਇਆ ਨਾਲ) ਚੰਬੜਿਆ ਹੋਇਆ ਹੈਂ, (ਤੇਰੀ ਉਸ ਨਾਲ ਪ੍ਰੀਤ ਭੀ) ਕੁਝ ਥੋੜੀ ਜਿਹੀ ਨਹੀਂ ਹੈ।
30825	715	ਤੇਰੋ ਨਹੀ ਸੁ ਜਾਨੀ ਮੋਰੀ॥ਰਹਾਉ॥		Thaero Nehee S Jaanee Moree || Rehaao ||	That which you consider to be yours, is not yours. ||Pause||	(ਜੇਹੜੀ ਮਾਇਆ ਸਦਾ) ਤੇਰੀ ਨਹੀਂ ਬਣੀ ਰਹਿਣੀ, ਉਸ ਨੂੰ ਤੂੰ ਆਪਣੀ ਸਮਝ ਰਿਹਾ ਹੈਂ ਰਹਾਉ॥
30826	715	ਆਪਨ ਰਾਮੁ ਨ ਚੀਨੋ ਖਿਨੂਆ॥	(ਚੀਨੋ) ਜਾਣਿਆ	Aapan Raam N Cheeno Khinooaa ||	You do not remember your Lord, even for an instant.	ਹੇ ਭਾਈ! ਪਰਮਾਤਮਾ (ਹੀ) ਆਪਣਾ (ਅਸਲ ਸਾਥੀ ਹੈ ਉਸ ਨਾਲ ਤੂੰ) ਇਕ ਛਿਨ ਵਾਸਤੇ ਭੀ ਜਾਣ-ਪਛਾਣ ਨਹੀਂ ਪਾਈ।
30827	715	ਜੋ ਪਰਾਈ ਸੁ ਅਪਨੀ ਮਨੂਆ॥੧॥		Jo Paraaee S Apanee Manooaa ||1||	That which belongs to others, you believe to be your own. ||1||	ਜੇਹੜੀ (ਮਾਇਆ) ਬਿਗਾਨੀ (ਬਣ ਜਾਣੀ) ਹੈ ਉਸ ਨੂੰ ਤੂੰ ਆਪਣੀ ਮੰਨ ਲਿਆ ਹੈ ॥੧॥
30828	715	ਨਾਮੁ ਸੰਗੀ ਸੋ ਮਨਿ ਨ ਬਸਾਇਓ॥		Naam Sangee So Man N Basaaeiou ||	The Naam, the Name of the Lord, is always with you, but you do not enshrine it within your mind.	ਹੇ ਭਾਈ! ਪਰਮਾਤਮਾ ਦਾ ਨਾਮ (ਅਸਲ) ਸਾਥੀ ਹੈ, ਉਸ ਨੂੰ ਤੂੰ ਆਪਣੇ ਮਨ ਵਿਚ (ਕਦੇ) ਨਹੀਂ ਵਸਾਇਆ।
30829	715	ਛੋਡਿ ਜਾਹਿ ਵਾਹੂ ਚਿਤੁ ਲਾਇਓ॥੨॥	(ਵਾਹੂ) ਉਸ ਨਾਲ	Shhodd Jaahi Vaahoo Chith Laaeiou ||2||	You have attached your consciousness to that which you must eventually abandon. ||2||	(ਜੇਹੜੇ ਪਦਾਰਥ ਆਖ਼ਰ) ਛੱਡ ਜਾਣਗੇ, ਉਹਨਾਂ ਨਾਲ ਤੂੰ ਚਿੱਤ ਜੋੜਿਆ ਹੋਇਆ ਹੈ ॥੨॥

30830	715	ਸੋ ਸੰਚਿਓ ਜਿਤੁ ਭੂਖ ਤਿਸਾਇਓ॥		So Sanchiou Jith Bhookh Thisaaeiou ||	You collect that which will bring you only hunger and thirst.	ਹੇ ਭਾਈ! ਤੂੰ ਉਸ ਧਨ-ਪਦਾਰਥ ਨੂੰ ਇਕੱਠਾ ਕਰ ਰਿਹਾ ਹੈਂ, ਜਿਸ ਦੀ ਰਾਹੀਂ (ਮਾਇਆ ਦੀ) ਭੁੱਖ ਤ੍ਰੇਹ (ਬਣੀ ਰਹੇਗੀ)।
30831	715	ਅੰਮ੍ਰਿਤ ਨਾਮੁ ਤੋਸਾ ਨਹੀ ਪਾਇਓ॥੩॥	(ਤੋੱਸਾ) ਮਿੱਠਾ ਸਨਿਗਧ ਪਦਾਰਥ	Anmrith Naam Thosaa Nehee Paaeiou ||3||	You have not obtained the supplies of the Ambrosial Naam. ||3||	ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਜੀਵਨ-ਸਫ਼ਰ ਦਾ ਖ਼ਰਚ ਹੈ, ਉਹ ਤੂੰ ਹਾਸਲ ਨਹੀਂ ਕੀਤਾ ॥੩॥
30832	715	ਕਾਮ ਕ੍ਰੋਧਿ ਮੋਹ ਕੂਪਿ ਪਰਿਆ॥		Kaam Krodhh Moh Koop Pariaa ||	You have fallen into the pit of sexual desire, anger and emotional attachment.	(ਹੇ ਭਾਈ!) ਤੂੰ ਕਾਮ ਕ੍ਰੋਧ ਵਿਚ ਤੂੰ ਮੋਹ ਦੇ ਖੂਹ ਵਿਚ ਪਿਆ ਹੋਇਆ ਹੈਂ।
30833	715	ਗੁਰ ਪ੍ਰਸਾਦਿ ਨਾਨਕ ਕੋ ਤਰਿਆ॥੪॥੧॥੧੬॥		Gur Prasaadh Naanak Ko Thariaa ||4||1||16||	By Guru's Grace, O Nanak, a rare few are saved. ||4||1||16||	(ਪਰ ਤੇਰੇ ਭੀ ਕੀਹ ਵੱਸ?) ਕੋਈ ਵਿਰਲਾ ਮਨੁੱਖ ਹੇ ਨਾਨਕ! (ਆਖ-) ਗੁਰੂ ਦੀ ਕਿਰਪਾ ਨਾਲ (ਇਸ ਖੂਹ ਵਿਚੋਂ) ਪਾਰ ਲੰਘਦਾ ਹੈ ॥੪॥੧॥੧੬॥
30834	715	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30835	715	ਹਮਾਰੈ ਏਕੈ ਹਰੀ ਹਰੀ॥		Hamaarai Eaekai Haree Haree ||	I have only the One Lord, my God.	ਹੇ ਭਾਈ! ਮੈਂ ਆਪਣੇ ਹਿਰਦੇ ਵਿਚ ਇਕ ਪਰਮਾਤਮਾ ਦਾ ਹੀ ਆਸਰਾ ਰੱਖਿਆ ਹੋਇਆ ਹੈ।

30836	715	ਆਨ ਅਵਰ ਸਿਵਾਣਿ ਨ ਕਰੀ॥ਰਹਾਉ॥		Aan Avar Sinjaan N Karee || Rehaao ||	I do not recognize any other. ||Pause||	(ਪਰਮਾਤਮਾ ਤੋਂ ਬਿਨਾ) ਮੈਂ ਕੋਈ ਹੋਰ ਆਸਰਾ ਨਹੀਂ ਪਛਾਣਦਾ ਰਹਾਉ॥
30837	715	ਵਡੈਭਾਗਿ ਗੁਰੁ ਅਪੁਨਾ ਪਾਇਓ॥		Vaddai Bhaag Gur Apunaa Paaeiou ||	By great good fortune, I have found my Guru.	ਹੇ ਭਾਈ! ਬੜੀ ਕਿਸਮਤਿ ਨਾਲ ਮੈਂ ਆਪਣਾ ਗੁਰੂ ਲੱਭਾ।
30838	715	ਗੁਰਿ ਮੋਕਉ ਹਰਿ ਨਾਮੁ ਦ੍ਰਿੜਾਇਓ ॥੧॥		Gur Mo Ko Har Naam Dhrirraaeiou ||1||	The Guru has implanted the Name of the Lord within me. ||1||	ਗੁਰੂ ਨੇ ਮੈਨੂੰ ਪਰਮਾਤਮਾ ਦਾ ਨਾਮ (ਦੇ ਕੇ) ਮੇਰੇ ਹਿਰਦੇ ਵਿਚ ਪੱਕਾ ਕਰ ਦਿੱਤਾ ॥੧॥
30839	715	ਹਰਿ ਹਰਿ ਜਾਪ ਤਾਪ ਬ੍ਰਤ ਨੇਮਾ॥		Har Har Jaap Thaap Brath Naemaa ||	The Name of the Lord, Har, Har, is my meditation, austerity, fasting and daily religious practice.	ਹੁਣ, ਹੇ ਭਾਈ! ਪਰਮਾਤਮਾ ਦਾ ਨਾਮ ਹੀ (ਮੇਰੇ ਵਾਸਤੇ) ਜਪ ਤਪ ਹੈ, ਵਰਤ ਹੈ, ਧਾਰਮਿਕ ਨਿਯਮ ਹੈ।
30840	715	ਹਰਿ ਹਰਿ ਧਿਆਇ ਕੁਸਲ ਸਭਿ ਖੇਮਾ॥੨॥	(ਕੁਸਲ) ਸੁਖ। (ਖੇਮਾ) ਅਨੰਦ	Har Har Dhhiaae Kusal Sabh Khaemaa ||2||	Meditating on the Lord, Har, Har, I have found total joy and bliss. ||2||	ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਮੈਨੂੰ ਸਾਰੇ ਸੁਖ ਆਨੰਦ ਪ੍ਰਾਪਤ ਹੋ ਰਹੇ ਹਨ ॥੨॥
30841	715	ਆਚਾਰ ਬਿਉਹਾਰ ਜਾਤਿ ਹਰਿ ਗੁਨੀਆ॥	(ਆਚਾਰ ਬਿਉਹਾਰ) ਧਰਮ ਕਰਮ	Aachaar Biouhaar Jaath Har Guneeaa ||	The Praises of the Lord are my good conduct, occupation and social class.	ਹੇ ਭਾਈ! ਪਰਮਾਤਮਾ ਦੇ ਗੁਣ ਗਾਣੇ (ਹੁਣ ਮੇਰੇ ਵਾਸਤੇ) ਧਾਰਮਿਕ ਰਸਮਾਂ ਅਤੇ (ਉੱਚੀ) ਜਾਤਿ ਹੈ।

30842	715	ਮਹਾ ਅਨੰਦ ਕੀਰਤਨ ਹਰਿ ਸੁਨੀਆ॥੩॥		Mehaa Anandh Keerathan Har Suneeaa ||3||	Listening to the Kirtan of the Lord's Praises, I am in absolute ecstasy. ||3||	ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣ ਸੁਣ ਕੇ (ਮੇਰੇ ਅੰਦਰ) ਵੱਡਾ ਆਨੰਦ ਪੈਦਾ ਹੁੰਦਾ ਹੈ ॥੩॥
30843	715	ਕਹੁ ਨਾਨਕ ਜਿਨਿ ਠਾਕੁਰੁ ਪਾਇਆ॥		Kahu Naanak Jin Thaakur Paaeiaa ||	Says Nanak, everything comes to the homes	ਨਾਨਕ ਆਖਦਾ ਹੈ- ਜਿਸ ਮਨੁੱਖ ਨੇ (ਆਪਣੇ ਹਿਰਦੇ ਵਿਚ ਵੱਸਦਾ) ਪਰਮਾਤਮਾ ਲੱਭ ਲਿਆ,
30844	715	ਸਭੁ ਕਿਛੁ ਤਿਸ ਕੇ ਗ੍ਰਿਹ ਮਹਿ ਆਇਆ॥੪॥੨॥੧੭॥		Sabh Kishh This Kae Grih Mehi Aaeiaa ||4||2||17||	Of those who have found their Lord and Master. ||4||2||17||	ਉਸ ਦੇ ਹਿਰਦੇ-ਘਰ ਵਿਚ ਹਰੇਕ ਚੀਜ਼ ਆ ਗਈ ॥੪॥੨॥੧੭॥
30845	715	ਟੋਡੀ ਮਹਲਾ ੫ ਘਰੁ ੪ ਦੁਪਦੇ		Ttoddee Mehalaa 5 Ghar 4 Dhupadhae	Todee, Fifth Mehl, Fourth House, Du-Padas:	ਰਾਗ ਟੋਡੀ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
30846	715	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30847	715	ਰੂੜੋ ਮਨੁ ਹਰਿ ਰੰਗੋ ਲੋੜੈ॥	(ਰੂੜੋ) ਸੁੰਦਰ	Roorro Man Har Rango Lorrai ||	My beautiful mind longs for the Love of the Lord.	(ਹੇ ਭਾਈ! ਉਂਞ ਤਾਂ ਇਹ) ਮਨ ਪਰਮਾਤਮਾ ਦਾ ਸੋਹਣਾ ਪ੍ਰੇਮ-ਰੰਗ (ਪ੍ਰਾਪਤ ਕਰਨਾ) ਚਾਹੁੰਦਾ ਰਹਿੰਦਾ ਹੈ,
30848	715	ਗਾਲੀ ਹਰਿ ਨੀਹੁ ਨ ਹੋਇ॥ਰਹਾਉ॥	(ਨੀਹੁ) ਨੇਹੁ, ਪ੍ਰੇਮ। ਗੱਾਲੀਂ	Gaalee Har Neehu N Hoe || Rehaao ||	By mere words, the Lord's Love does not come. ||Pause||	ਪਰ ਨਿਰੀਆਂ ਗੱਲਾਂ ਨਾਲ ਪ੍ਰੇਮ ਨਹੀਂ ਮਿਲਦਾ ਰਹਾਉ॥

30849	715	ਹਉ ਢੂਢੇਦੀ ਦਰਸਨ ਕਾਰਣਿ ਬੀਥੀ ਬੀਥੀ ਪੇਖਾ॥	(ਬੀੱਥੀ ਬੀੱਥੀ)ਤੰਗ ਗਲੀ ਗਲੀ ਭਾਵਖੋਜਦਿਆਂ ੨ ਕੋਈ ਭੀ ਜਗ੍ਹਾ ਨ ਛੱਡਾਂ	Ho Dtoodtaedhee Dharasan Kaaran Beethhee Beethhee Paekhaa ||	I have searched for the Blessed Vision of His Darshan, looking in each and every street.	ਹੇ ਭਾਈ! ਪਰਮਾਤਮਾ ਦਾ ਦਰਸਨ ਕਰਨ ਵਾਸਤੇ ਮੈਂ (ਜਾਪ ਤਾਪ ਕਰਮ ਕਾਂਡ ਆਦਿਕ ਦੀ) ਗਲੀ ਗਲੀ ਢੂੰਢਦੀ ਰਹੀ, ਵੇਖਦੀ ਰਹੀ।
30850	715	ਗੁਰ ਮਿਲਿ ਭਰਮੁ ਗਵਾਇਆ ਹੇ॥੧॥		Gur Mil Bharam Gavaaeiaa Hae ||1||	Meeting with the Guru, my doubts have been dispelled. ||1||	(ਆਖ਼ਰ) ਗੁਰੂ ਨੂੰ ਮਿਲ ਕੇ (ਮੈਂ ਆਪਣੇ ਮਨ ਦੀ) ਭਟਕਣਾ ਦੂਰ ਕੀਤੀ ਹੈ ॥੧॥
30851	715	ਇਹ ਬੁਧਿ ਪਾਈ ਮੈ ਸਾਧੂ ਕੰਨਹੁ ਲੇਖੁ ਲਿਖਿਓ ਧੁਰਿ ਮਾਥੈ॥	(ਕੰਨਹੁ) ਪਾਸੋਂ	Eih Budhh Paaee Mai Saadhhoo Kannahu Laekh Likhiou Dhhur Maathhai ||	I have obtained this wisdom from the Holy Saints, according to the pre-ordained destiny inscribed upon my forehead.	(ਹੇ ਭਾਈ! ਮਨ ਦੀ ਭਟਕਣਾ ਦੂਰ ਕਰਨ ਦੀ) ਇਹ ਅਕਲ ਮੈਂ ਗੁਰੂ ਪਾਸੋਂ ਹਾਸਲ ਕੀਤੀ, ਮੇਰੇ ਮੱਥੇ ਉਤੇ (ਗੁਰੂ ਦੇ ਮਿਲਾਪ ਦਾ) ਲੇਖ ਧੁਰ ਦਰਗਾਹ ਤੋਂ ਲਿਖਿਆ ਹੋਇਆ ਸੀ।
30852	715	ਇਹ ਬਿਧਿ ਨਾਨਕ ਹਰਿ ਨੈਣ ਅਲੋਇ॥੨॥੧॥੧੮॥	(ਅਲੋਇ) ਦੇਖਿਆ	Eih Bidhh Naanak Har Nain Aloe ||2||1||18||	In this way, Nanak has seen the Lord with his eyes. ||2||1||18||	ਹੇ ਨਾਨਕ! (ਆਖ-) ਇਸ ਤਰ੍ਹਾਂ ਮੈਂ ਪਰਮਾਤਮਾ ਨੂੰ (ਹਰ ਥਾਂ ਵੱਸਦਾ) ਆਪਣੀਆਂ ਅੱਖਾਂ ਨਾਲ ਵੇਖ ਲਿਆ ॥੨॥੧॥੧੮॥
30853	715	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30854	715	ਗਰਬਿ ਗਹਿਲੜੋ ਮੂੜੜੋ ਹੀਓ ਰੇ॥	(ਗਹਿਲ-ੜੋ)ਪਕੜਿਆ। (ਮੂੜੜੋ) ਮੂਰਖ	Garab Gehilarro Moorrarro Heeou Rae ||	My foolish heart is in the grip of pride.	ਹੇ ਭਾਈ! ਮੂਰਖ ਹਿਰਦਾ ਅਹੰਕਾਰ ਵਿਚ ਝੱਲਾ ਹੋਇਆ ਰਹਿੰਦਾ ਹੈ।

30855	715	ਹੀਓ ਮਹਰਾਜ ਰੀ ਮਾਇਓ॥	(ਮਾਇਓ)ਮਾਇਆ	Heeou Meharaaj Ree Maaeiou ||	By the Will of my Lord God, Maya,	ਇਸ ਹਿਰਦੇ ਨੂੰ ਮਹਾਰਾਜ (ਪ੍ਰਭੂ) ਦੀ ਮਾਇਆ ਨੇ-
30856	715	ਡੀਹਰ ਨਿਆਈ ਮੋਹਿ ਫਾਕਿਓ ਰੇ॥ਰਹਾਉ॥	(ਡੀਹਰ) ਡੈਣ, ਕੁੰਡੀ	Ddeehar Niaaee Mohi Faakiou Rae || Rehaao ||	Like a witch, has swallowed my soul. ||Pause||	ਮੱਛੀ ਵਾਂਗ ਮੋਹ ਵਿਚ ਫਸਾ ਰੱਖਿਆ ਹੈ (ਜਿਵੇਂ ਮੱਛੀ ਨੂੰ ਕੁੰਡੀ ਵਿਚ) ਰਹਾਉ॥
30857	715	ਘਣੋ ਘਣੋ ਘਣੋ ਸਦ ਲੋੜੈ ਬਿਨੁ ਲਹਣੇ ਕੈਠੈ ਪਾਇਓ ਰੇ॥	(ਘਣੋ) ਬਹੁਤਾ ਜਸ। (ਘਣੋ)ਬਹੁਤਾ ਜਿਊਣਾ। (ਘਣੋ) ਬਹੁਤਾ ਪਦਾਰਥ। (ਲਹਣੇ) ਨਫ਼ੇ, ਭਾਗਾਂ। (ਕੈਠੈ) ਕਿੱਥੋਂ	Ghano Ghano Ghano Sadh Lorrai Bin Lehanae Kaithai Paaeiou Rae ||	More and more, he continually yearns for more; but unless he is destined to receive, how can he obtain it?	ਹੇ ਭਾਈ! (ਮੋਹ ਵਿਚ ਫਸਿਆ ਹੋਇਆ ਹਿਰਦਾ) ਸਦਾ ਬਹੁਤ ਬਹੁਤ (ਮਾਇਆ) ਮੰਗਦਾ ਰਹਿੰਦਾ ਹੈ, ਪਰ ਭਾਗਾਂ ਤੋਂ ਬਿਨਾ ਕਿਥੋਂ ਪ੍ਰਾਪਤ ਕਰੇ?
30858	715	ਮਹਰਾਜਰੋ ਗਾਥੁ ਵਾਹੂ ਸਿਉ ਲੁਭੜਿਓ ਨਿਹਭਾਗੜੋ ਭਾਹਿ ਸੰਜੋਇਓ ਰੇ॥੧॥	(ਮਹਰਾਜ-ਰੋ) ਮਹਾਰਾਜ ਸਾਹਿਬ ਜੀ ਦੇ ਦਿੱਤੇ (ਗਾਥੁ)ਪਦਾਰਥ। (ਵਾਹੂ) ਉਸੇ ਨਾਲ (ਲੁਭੜਿਓ) ਲੋਭ ਕਰ ਰਿਹਾ। (ਨਿਹਭਾਗੜੋ) ਭਾਗਹੀਨ। ਤ੍ਰਿਸ਼ਨਾ ਰੂਪੀ (ਭਾਹਿ) ਅੱਗ ਚ (ਸੰਜੋਇਓ)ਮਿਲ ਰਿਹਾ	Meharaaj Ro Gaathh Vaahoo Sio Lubharriou Nihabhaagarro Bhaahi Sanjoeiou Rae ||1||	He is entangled in wealth, bestowed by the Lord God; the unfortunate one attaches himself to the fire of desires. ||1||	ਹੇ ਭਾਈ! ਮਹਾਰਾਜ ਦਾ (ਦਿੱਤਾ ਹੋਇਆ) ਇਹ ਸਰੀਰ ਹੈ, ਇਸੇ ਨਾਲ (ਮੂਰਖ ਜੀਵ) ਮੋਹ ਕਰਦਾ ਰਹਿੰਦਾ ਹੈ। ਨਿਭਾਗਾ ਮਨੁੱਖ (ਆਪਣੇ ਮਨ ਨੂੰ ਤ੍ਰਿਸ਼ਨਾ ਦੀ) ਅੱਗ ਨਾਲ ਜੋੜੀ ਰੱਖਦਾ ਹੈ ॥੧॥

30859	715	ਸੁਣਿ ਮਨ ਸੀਖ ਸਾਧੂ ਜਨ ਸਗਲੋ ਥਾਰੇ ਸਗਲੇ ਪ੍ਰਾਛਤ ਮਿਟਿਓ ਰੇ॥	(ਸੀਖ) ਸਿੱਖਿਆ। (ਪ੍ਰਾਛਤ) ਪਾਪ	Sun Man Seekh Saadhhoo Jan Sagalo Thhaarae Sagalae Praashhath Mittiou Rae ||	Listen, O mind, to the Teachings of the Holy Saints, and all your sins shall be totally washed away.	ਹੇ ਮਨ! ਸਾਰੇ ਸਾਧੂ ਜਨਾਂ ਦੀ ਸਿੱਖਿਆ ਸੁਣਿਆ ਕਰ, (ਇਸ ਦੀ ਬਰਕਤਿ ਨਾਲ) ਤੇਰੇ ਸਾਰੇ ਪਾਪ ਮਿਟ ਜਾਣਗੇ।
30860	715	ਜਾ ਕੋ ਲਹਣੋ ਮਹਰਾਜ ਰੀ ਗਾਠੜੀਓ ਜਨ ਨਾਨਕ ਗਰਭਾਸਿ ਨ ਪਉੜਿਓ ਰੇ॥੨॥੨॥੧੯॥	ਜਿਸ ਗੁਰਸੇਵਕ ਜੀ ਨੇ ਮਹਾਰਾਜ ਸਾਹਿਬ ਜੀ ਦੀ, ਸ੍ਰਬ ਬਿਆਪੀ ਅਨਤ ਕਲਾਵਾਨ ਮਹਾਂ ਵਿਸਮਾਦ (ਗਾਠੜੀਓ) ਗੱਠ ਚੋਂ। (ਲਹਣੋ)ਲੈਣਾ	Jaa Ko Lehano Meharaaj Ree Gaatharreeou Jan Naanak Garabhaas N Pourriou Rae ||2||2||19||	One who is destined to receive from the Lord, O servant Nanak, shall not be cast into the womb of reincarnation again. ||2||2||19||	ਹੇ ਦਾਸ ਨਾਨਕ! (ਆਖ-) ਮਹਾਰਾਜ ਦੇ ਖ਼ਜ਼ਾਨੇ ਵਿਚੋਂ ਜਿਸ ਦੇ ਭਾਗਾਂ ਵਿਚ ਕੁਝ ਪ੍ਰਾਪਤੀ ਲਿਖੀ ਹੈ, ਉਹ ਜੂਨਾਂ ਵਿਚ ਨਹੀਂ ਪੈਂਦਾ ॥੨॥੨॥੧੯॥
30861	716	ਟੋਡੀ ਮਹਲਾ ੫ ਘਰੁ ੫ ਦੁਪਦੇ	ਦੁ-ਪਦੇ:ਪੋਲਾ ਬੋਲੋ	Ttoddee Mehalaa 5 Ghar 5 Dhupadhae	Todee, Fifth Mehl, Fifth House, Du-Padas:	ਰਾਗ ਟੋਡੀ, ਘਰ ੫ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
30862	716	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30863	716	ਐਸੋ ਗੁਨੁ ਮੇਰੋ ਪ੍ਰਭ ਜੀ ਕੀਨ॥		Aiso Gun Maero Prabh Jee Keen ||	Such is the blessing my God has bestowed upon me.	ਹੇ ਭਾਈ! ਮੇਰੇ ਪ੍ਰਭੂ ਜੀ ਨੇ (ਮੇਰੇ ਉੱਤੇ) ਇਹੋ ਜਿਹਾ ਉਪਕਾਰ ਕਰ ਦਿੱਤਾ ਹੈ,

30864	716	ਪੰਚ ਦੋਖ ਅਰੁ ਅਹੰ ਰੋਗ ਇਹ ਤਨ ਤੇ ਸਗਲ ਦੂਰਿ ਕੀਨ॥ਰਹਾਉ॥	(ਪੰਚ) ੧ਸਬਦ ੨ਸਪੱਰਸ ੩ਰੂਪ ੪ਰਸ ਪਗੰਧ। ਪੰਚ ਦੋਖ ਦੋਸ਼:-ਵਿਸ਼ੇ ਵਿਕਾਰ ਦੇ ੧ਸਬਦ ਸੁਨਣੇ, ਜਿਵੇਂ ਹਰਨ ਘੰਡੇ ਹੇੜੇ ਦਾ ਸਬਦ ਸੁਣ ਕੇ ਮਰ ਜਾਂਦਾ ਹੈ। ਵਿਸ਼ੇ ਰਸ ਦੇ ੨ਸਪੱਰਸ ਲਈ ਹਾਥੀ ਕੁੰਡੇ ਸਹਾਰਦਾ ਹੈ, ਲਾਈਟ ਦਾ ੩ਰੂਪ ਦੇਖਣੇ ਕਰਕੇ ਪਤੰਗਾ ਸੜ ਜਾਂਦਾ ਹੈ, ਰਸਨਾ ਦੇ ੪ਰਸ ਚ ਮੱਛੀ ਕੁੰਡੀ ਨਿਗਲ਼ ਕੇ ਤੜਫ਼ ੨ ਕੇ ਮਰ ਜਾਂਦੀ ਹੈ, ਭੌਰਾ ਕਮਲ ਦੀ (ਪਗੰਧ) ਵਾਸ਼ਨਾ ਤੇ ਮੋਹਿਤ ਹੋ ਕੇ ਮਰ ਜਾਂਦਾ ਹੈ।	Panch Dhokh Ar Ahan Rog Eih Than Thae Sagal Dhoor Keen || Rehaao ||	He has totally banished the five evils and the illness of egotism from my body. ||Pause||	(ਕਿ) ਕਾਮਾਦਿਕ ਪੰਜੇ ਵਿਕਾਰ ਅਤੇ ਹਉਮੈ ਦਾ ਰੋਗ-ਇਹ ਸਾਰੇ ਉਸ ਨੇ ਮੇਰੇ ਸਰੀਰ ਵਿਚੋਂ ਕੱਢ ਦਿੱਤੇ ਹਨ ਰਹਾਉ॥
30865	716	ਬੰਧਨ ਤੋਰਿ ਛੋਰਿ ਬਿਖਿਆ ਤੇ ਗੁਰ ਕੋ ਸਬਦੁ ਮੇਰੈ ਹੀਅਰੈ ਦੀਨ॥		Bandhhan Thor Shhor Bikhiaa Thae Gur Ko Sabadh Maerai Heearai Dheen ||	Breaking my bonds, and releasing me from vice and corruption, He has enshrined the Word of the Guru's Shabad within my heart.	(ਹੇ ਭਾਈ! ਮੇਰੇ ਪ੍ਰਭੂ ਜੀ ਨੇ ਮੇਰੀਆਂ ਮਾਇਆ ਦੀਆਂ) ਫਾਹੀਆਂ ਤੋੜ ਕੇ (ਮੈਨੂੰ) ਮਾਇਆ (ਦੇ ਮੋਹ) ਤੋਂ ਛੁਡਾ ਕੇ ਗੁਰੂ ਦਾ ਸ਼ਬਦ ਮੇਰੇ ਹਿਰਦੇ ਵਿਚ ਵਸਾ ਦਿੱਤਾ ਹੈ।

30866	716	ਰੂਪੁ ਅਨਰੂਪੁ ਮੋਰੋ ਕਛੁ ਨ ਬੀਚਾਰਿਓ ਪ੍ਰੇਮ ਗਹਿਓ ਮੋਹਿ ਹਰਿ ਰੰਗਿ ਭੀਨ॥੧॥	(ਅਨਰੂਪੁ)ਕੁਰੂਪ	Roop Anaroop Moro Kashh N Beechaariou Praem Gehiou Mohi Har Rang Bheen ||1||	The Lord has not considered my beauty or ugliness; instead, He has held me with love. I am drenched with His Love. ||1||	ਮੇਰਾ ਕੋਈ ਸੁਹਜ ਕੋਈ ਕੁਹਜ ਉਸ ਨੇ ਕੋਈ ਭੀ ਆਪਣੇ ਮਨ ਵਿਚ ਨਹੀਂ ਲਿਆਂਦਾ। ਮੈਨੂੰ ਉਸ ਨੇ ਆਪਣੇ ਪ੍ਰੇਮ ਨਾਲ ਬੰਨ੍ਹ ਦਿੱਤਾ ਹੈ। ਮੈਨੂੰ ਆਪਣੇ ਪਿਆਰ-ਰੰਗ ਵਿਚ ਭਿਉਂ ਦਿੱਤਾ ਹੈ ॥੧॥
30867	716	ਪੇਖਿਓ ਲਾਲਨੁ ਪਾਟ ਬੀਚ ਖੋਏ ਅਨਦ ਚਿਤਾ ਹਰਖੇ ਪਤੀਨ॥	(ਪਾਟ) ਪੜਦਾ। (ਖੋਏ) ਗਵਾ ਦਿੱਤਾ। (ਪਤੀਨ)ਖ਼ੁਸ਼, ਪ੍ਰਸੰਨ। ਚਿੱਤਾ	Paekhiou Laalan Paatt Beech Khoeae Anadh Chithaa Harakhae Patheen ||	I behold my Beloved, now that the curtain has been torn away. My mind is happy, pleased and satisfied.	ਹੇ ਨਾਨਕ! (ਆਖ-ਹੇ ਭਾਈ!) ਹੁਣ ਜਦੋਂ ਵਿਚਕਾਰਲੇ ਪਰਦੇ ਦੂਰ ਕਰ ਕੇ ਮੈਂ ਉਸ ਸੋਹਣੇ ਲਾਲ ਨੂੰ ਵੇਖਿਆ ਹੈ, ਤਾਂ ਮੇਰੇ ਚਿਤ ਵਿਚ ਆਨੰਦ ਪੈਦਾ ਹੋ ਗਿਆ ਹੈ, ਮੇਰਾ ਮਨ ਖ਼ੁਸ਼ੀ ਵਿਚ ਗਦ-ਗਦ ਹੋ ਉੱਠਿਆ ਹੈ।
30868	716	ਤਿਸ ਹੀ ਕੋ ਗ੍ਰਿਹੁ ਸੋਈ ਪ੍ਰਭੁ ਨਾਨਕ ਸੋ ਠਾਕੁਰੁ ਤਿਸ ਹੀ ਕੋ ਧੀਨ॥੨॥੧॥੨੦॥	(ਧੀਨ) ਅਧੀਨ ਸੇਵਕ	This Hee Ko Grihu Soee Prabh Naanak So Thaakur This Hee Ko Dhheen ||2||1||20||	My house is His; He is my God. Nanak is obedient to His Lord and Master. ||2||1||20||	(ਹੁਣ ਮੇਰਾ ਇਹ ਸਰੀਰ) ਉਸੇ ਦਾ ਹੀ ਘਰ (ਬਣ ਗਿਆ ਹੈ) ਉਹੀ (ਇਸ ਘਰ ਦਾ) ਮਾਲਕ (ਬਣ ਗਿਆ ਹੈ), ਉਸੇ ਦਾ ਹੀ ਮੈਂ ਸੇਵਕ ਬਣ ਗਿਆ ਹਾਂ ॥੨॥੧॥੨੦॥
30869	716	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	

30870	716	ਮਾਈ ਮੇਰੇ ਮਨ ਕੀ ਪ੍ਰੀਤਿ॥		Maaee Maerae Man Kee Preeth ||	O my mother, my mind is in love.	ਹੇ ਮਾਂ! (ਗੁਰੂ ਦੀ ਕਿਰਪਾ ਨਾਲ) ਮੇਰੇ ਮਨ ਵਿਚ ਪਰਮਾਤਮਾ ਦਾ ਪਿਆਰ ਪੈਦਾ ਹੋ ਗਿਆ ਹੈ।
30871	716	ਏਹੀ ਕਰਮ ਧਰਮ ਜਪ ਏਹੀ ਰਾਮ ਨਾਮ ਨਿਰਮਲ ਹੈ ਰੀਤਿ॥ਰਹਾਉ॥		Eaehee Karam Dhharam Jap Eaehee Raam Naam Niramal Hai Reeth || Rehaao ||	This is my karma and my Dharma; this is my meditation. The Lord's Name is my immaculate, unstained way of life. ||Pause||	ਮੇਰੇ ਵਾਸਤੇ ਇਹ (ਪ੍ਰਭੂ-ਪ੍ਰੇਮ) ਹੀ (ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ) ਧਾਰਮਿਕ ਕਰਮ ਹੈ ਇਹੀ ਜਪ ਤਪ ਹੈ। ਪਰਮਾਤਮਾ ਦਾ ਨਾਮ ਸਿਮਰਨਾ ਹੀ ਜ਼ਿੰਦਗੀ ਨੂੰ ਪਵਿੱਤ੍ਰ ਕਰਨ ਦਾ ਤਰੀਕਾ ਹੈ ਰਹਾਉ॥
30872	716	ਪ੍ਰਾਨ ਅਧਾਰ ਜੀਵਨ ਧਨ ਮੋਰੈ ਦੇਖਨ ਕਉ ਦਰਸਨ ਪ੍ਰਭ ਨੀਤਿ॥		Praan Adhhaar Jeevan Dhhan Morai Dhaekhan Ko Dharasan Prabh Neeth ||	The Support of my breath of life, the wealth of my life, is to gaze upon the Blessed Vision of God's Darshan.	ਹੇ ਮਾਂ! (ਮੇਰੀ ਇਹੀ ਤਾਂਘ ਹੈ ਕਿ) ਮੈਨੂੰ ਸਦਾ ਪ੍ਰਭੂ ਦਾ ਦਰਸਨ ਵੇਖਣਾ ਪ੍ਰਾਪਤ ਰਹੇ-ਇਹੀ ਮੇਰੀ ਜਿੰਦ ਦਾ ਸਹਾਰਾ ਹੈ ਇਹੀ ਮੇਰੇ ਵਾਸਤੇ ਸਾਰੀ ਜ਼ਿੰਦਗੀ ਵਿਚ (ਖੱਟਿਆ ਕਮਾਇਆ) ਧਨ ਹੈ।
30873	716	ਬਾਟ ਘਾਟ ਤੋਸਾ ਸੰਗਿ ਮੋਰੈ ਮਨ ਅਪੁਨੇ ਕਉ ਮੈ ਹਰਿ ਸਖਾ ਕੀਤ॥੧॥	(ਬਾਟ) ਰਸਤਾ। ਤੋਸਾ ਕਸਕੇ	Baatt Ghaatt Thosaa Sang Morai Man Apunae Ko Mai Har Sakhaa Keeth ||1||	On the road, and on the river, these supplies are always with me. I have made my mind the Lord's companion. ||1||	ਰਸਤੇ ਵਿਚ, ਪੱਤਣ ਉਤੇ (ਜ਼ਿੰਦਗੀ ਦੇ ਸਫ਼ਰ ਵਿਚ ਹਰ ਥਾਂ ਪਰਮਾਤਮਾ ਦਾ ਪਿਆਰ ਹੀ) ਮੇਰੇ ਨਾਲ ਰਾਹ ਦਾ ਖ਼ਰਚ ਹੈ। (ਗੁਰੂ ਦੀ ਕਿਰਪਾ ਨਾਲ) ਮੈਂ ਆਪਣੇ ਮਨ ਦੇ ਵਾਸਤੇ ਪਰਮਾਤਮਾ ਨੂੰ ਮਿੱਤਰ ਬਣਾ ਲਿਆ ਹੈ ॥੧॥

30874	716	ਸੰਤ ਪ੍ਰਸਾਦਿ ਭਏ ਮਨ ਨਿਰਮਲ ਕਰਿ ਕਿਰਪਾ ਅਪੁਨੇ ਕਰਿ ਲੀਤ॥		Santh Prasaadh Bheae Man Niramal Kar Kirapaa Apunae Kar Leeth ||	By the Grace of the Saints, my mind has become immaculate and pure. In His mercy, He has made me His own.	ਹੇ ਨਾਨਕ! (ਆਖ-) ਗੁਰੂ ਦੀ ਕਿਰਪਾ ਨਾਲ ਜਿਨ੍ਹਾਂ ਦੇ ਮਨ ਪਵਿੱਤ੍ਰ ਹੋ ਜਾਂਦੇ ਹਨ, ਪਰਮਾਤਮਾ ਮੇਹਰ ਕਰ ਕੇ ਉਹਨਾਂ ਨੂੰ ਆਪਣੇ (ਸੇਵਕ) ਬਣਾ ਲੈਂਦਾ ਹੈ।
30875	716	ਸਿਮਰਿ ਸਿਮਰਿ ਨਾਨਕ ਸੁਖੁ ਪਾਇਆ ਆਦਿ ਜੁਗਾਦਿ ਭਗਤਨ ਕੇ ਮੀਤ॥੨॥੨॥੨੧॥	ਜੁੱਗਾਦਿ	Simar Simar Naanak Sukh Paaeiaa Aadh Jugaadh Bhagathan Kae Meeth ||2||2||21||	Remembering, remembering Him in meditation, Nanak has found peace. From the very beginning, and throughout the ages, He is the friend of His devotees. ||2||2||21||	ਸਦਾ ਪਰਮਾਤਮਾ ਦਾ ਨਾਮ ਸਿਮਰ ਕੇ ਉਹ ਆਤਮਕ ਆਨੰਦ ਮਾਣਦੇ ਹਨ। ਸ਼ੁਰੂ ਤੋਂ ਹੀ, ਜੁਗਾਂ ਦੇ ਸ਼ੁਰੂ ਤੋਂ ਹੀ, ਪਰਮਾਤਮਾ ਆਪਣੇ ਭਗਤਾਂ ਦਾ ਮਿੱਤਰ ਹੈ ॥੨॥੨॥੨੧॥
30876	716	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30877	716	ਪ੍ਰਭ ਜੀ ਮਿਲੁ ਮੇਰੇ ਪ੍ਰਾਨ॥		Prabh Jee Mil Maerae Praan ||	Dear God, please meet me; You are my breath of life.	ਹੇ ਪ੍ਰਭੂ ਜੀ! ਹੇ ਮੇਰੀ ਜਿੰਦ (ਦੇ ਮਾਲਕ)! (ਮੈਨੂੰ) ਮਿਲ।

30878	716	ਬਿਸਰੁ ਨਹੀ ਨਿਮਖ ਹੀਅਰੇ ਤੇ ਅਪਨੇ ਭਗਤ ਕਉ ਪੂਰਨ ਦਾਨ॥ਰਹਾਉ॥		Bisar Nehee Nimakh Heearae Thae Apanae Bhagath Ko Pooran Dhaan || Rehaao ||	Do not let me forget You from my heart, even for an instant; please, bless Your devotee with Your gift of perfection. ||Pause||	ਅੱਖ ਝਮਕਣ ਜਿਤਨੇ ਸਮੇ ਵਾਸਤੇ ਭੀ ਮੇਰੇ ਹਿਰਦੇ ਤੋਂ ਤੂੰ ਨਾਹ ਭੁੱਲ। ਆਪਣੇ ਭਗਤ ਨੂੰ ਇਹ ਪੂਰੀ ਦਾਤ ਬਖ਼ਸ਼ ਰਹਾਉ॥
30879	716	ਖੋਵਹੁ ਭਰਮੁ ਰਾਖੁ ਮੇਰੇ ਪ੍ਰੀਤਮ ਅੰਤਰਜਾਮੀ ਸੁਘੜ ਸੁਜਾਨ॥		Khovahu Bharam Raakh Maerae Preetham Antharajaamee Sugharr Sujaan ||	Dispel my doubt, and save me, O my Beloved, all-knowing Lord, O Inner-knower, O Searcher of hearts.	ਹੇ ਮੇਰੇ ਪ੍ਰੀਤਮ! ਹੇ ਅੰਤਰਜਾਮੀ! ਹੇ ਸੋਹਣੇ ਸੁਜਾਨ! ਮੇਰੇ ਮਨ ਦੀ ਭਟਕਣਾ ਦੂਰ ਕਰ, ਮੇਰੀ ਰੱਖਿਆ ਕਰ।
30880	716	ਕੋਟਿ ਰਾਜ ਨਾਮ ਧਨੁ ਮੇਰੈ ਅੰਮ੍ਰਿਤ ਦ੍ਰਿਸਟਿ ਧਾਰਹੁ ਪ੍ਰਭ ਮਾਨ॥੧॥		Kott Raaj Naam Dhhan Maerai Anmrith Dhrisatt Dhhaarahu Prabh Maan ||1||	The wealth of the Naam is worth millions of kingdoms to me; O God, please bless me with Your Ambrosial Glance of Grace. ||1||	ਹੇ ਪ੍ਰਭੂ! ਮੇਰੇ ਉਤੇ ਆਤਮਕ ਜੀਵਨ ਦੇਣ ਵਾਲੀ ਨਿਗਾਹ ਕਰ। ਮੇਰੇ ਵਾਸਤੇ ਤੇਰੇ ਨਾਮ ਦਾ ਧਨ ਕ੍ਰੋੜਾਂ ਬਾਦਸ਼ਾਹੀਆਂ (ਦੇ ਬਰਾਬਰ ਬਣਿਆ ਰਹੇ) ॥੧॥
30881	716	ਆਠ ਪਹਰ ਰਸਨਾ ਗੁਨ ਗਾਵੈ ਜਸੁ ਪੂਰਿ ਅਘਾਵਹਿ ਸਮਰਥ ਕਾਨ॥	(ਅਘਾਵਹਿ) ਤ੍ਰਿਪਤ। ਸਮਰੱਥ	Aath Pehar Rasanaa Gun Gaavai Jas Poor Aghaavehi Samarathh Kaan ||	Twenty-four hours a day, I sing Your Glorious Praises. They totally satisfy my ears, O my all-powerful Lord.	ਹੇ ਸਭ ਤਾਕਤਾਂ ਦੇ ਮਾਲਕ! (ਮੇਹਰ ਕਰ) ਮੇਰੀ ਜੀਭ ਅੱਠੇ ਪਹਰ ਤੇਰੇ ਗੁਣ ਗਾਂਦੀ ਰਹੇ, ਮੇਰੇ ਕੰਨ (ਆਪਣੇ ਅੰਦਰ) ਤੇਰੀ ਸਿਫ਼ਤਿ-ਸਾਲਾਹ ਭਰ ਕੇ (ਇਸੇ ਨਾਲ) ਰੱਜੇ ਰਹਿਣ।

30882	716	ਤੇਰੀ ਸਰਣਿ ਜੀਅਨ ਕੇ ਦਾਤੇ ਸਦਾ ਸਦਾ ਨਾਨਕ ਕੁਰਬਾਨ॥੨॥੩॥੨੨॥		Thaeree Saran Jeean Kae Dhaathae Sadhaa Sadhaa Naanak Kurabaan ||2||3||22||	I seek Your Sanctuary, O Lord, O Giver of life to the soul; forever and ever, Nanak is a sacrifice to You. ||2||3||22||	ਹੇ ਨਾਨਕ! (ਆਖ-) ਹੇ ਸਭ ਜੀਵਾਂ ਦੇ ਦਾਤਾਰ! ਮੈਂ ਤੇਰੀ ਸਰਨ ਆਇਆ ਹਾਂ, ਮੈਂ ਤੈਥੋਂ ਸਦਾ ਹੀ ਸਦਕੇ ਜਾਂਦਾ ਹਾਂ ॥੨॥੩॥੨੨॥
30883	716	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30884	716	ਪ੍ਰਭ ਤੇਰੇ ਪਗ ਕੀ ਧੂਰਿ॥		Prabh Thaerae Pag Kee Dhhoor ||	O God, I am the dust of Your feet.	ਹੇ ਪ੍ਰਭੂ! ਮੈਨੂੰ ਤੇਰੇ ਚਰਨਾਂ ਦੀ ਧੂੜ ਮਿਲਦੀ ਰਹੇ।
30885	716	ਦੀਨ ਦਇਆਲ ਪ੍ਰੀਤਮ ਮਨਮੋਹਨ ਕਰਿ ਕਿਰਪਾ ਮੇਰੀ ਲੋਚਾ ਪੂਰਿ॥ਰਹਾਉ॥		Dheen Dhaeiaal Preetham Manamohan Kar Kirapaa Maeree Lochaa Poor || Rehaao ||	O merciful to the meek, Beloved mind-enticing Lord, by Your Kind Mercy, please fulfill my yearning. ||Pause||	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! ਹੇ ਪ੍ਰੀਤਮ! ਹੇ ਮਨਮੋਹਨ! ਮੇਹਰ ਕਰ, ਮੇਰੀ ਤਾਂਘ ਪੂਰੀ ਕਰ ਰਹਾਉ॥
30886	716	ਦਹ ਦਿਸ ਰਵਿ ਰਹਿਆ ਜਸੁ ਤੁਮਰਾ ਅੰਤਰਜਾਮੀ ਸਦਾ ਹਜੂਰਿ॥		Dheh Dhis Rav Rehiaa Jas Thumaraa Antharajaamee Sadhaa Hajoor ||	In the ten directions, Your Praises are permeating and pervading, O Inner-knower, Searcher of hearts, O Lord ever-present.	ਹੇ ਅੰਤਰਜਾਮੀ! ਤੂੰ ਸਦਾ (ਸਭ ਜੀਵਾਂ ਦੇ) ਅੰਗ-ਸੰਗ ਰਹਿੰਦਾ ਹੈਂ, ਤੇਰੀ ਸੋਭਾ ਸਾਰੇ ਸੰਸਾਰ ਵਿਚ ਖਿਲਰੀ ਰਹਿੰਦੀ ਹੈ।

30887	716	ਜੋ ਤੁਮਰਾ ਜਸੁ ਗਾਵਹਿ ਕਰਤੇ ਸੇ ਜਨ ਕਬਹੁ ਨ ਮਰਤੇ ਝੂਰਿ॥੧॥		Jo Thumaraa Jas Gaavehi Karathae Sae Jan Kabahu N Marathae Jhoor ||1||	Those who sing Your Praises, O Creator Lord, those humble beings never die or grieve. ||1||	ਹੇ ਕਰਤਾਰ! ਜੇਹੜੇ ਮਨੁੱਖ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ, ਉਹ (ਮਾਇਆ ਦੀ ਖ਼ਾਤਰ) ਚਿੰਤਾ-ਫ਼ਿਕਰ ਕਰ ਕਰ ਕੇ ਕਦੇ ਭੀ ਆਤਮਕ ਮੌਤ ਨਹੀਂ ਸਹੇੜਦੇ ॥੧॥
30888	716	ਧੰਧ ਬੰਧ ਬਿਨਸੇ ਮਾਇਆ ਕੇ ਸਾਧੂਸੰਗਤਿ ਮਿਟੇ ਬਿਸੂਰ॥	(ਬਿਸੂਰ) ਚਿੰਤਾ	Dhhandhh Bandhh Binasae Maaeiaa Kae Saadhhoo Sangath Mittae Bisoor ||	The worldly affairs and entanglements of Maya disappear, in the Saadh Sangat, the Company of the Holy; all sorrows are taken away.	(ਜੇਹੜੇ ਮਨੁੱਖ ਕਰਤਾਰ ਦਾ ਜਸ ਗਾਂਦੇ ਰਹਿੰਦੇ ਹਨ) ਸਾਧ ਸੰਗਤਿ ਦੀ ਬਰਕਤਿ ਨਾਲ ਉਹਨਾਂ ਦੇ ਸਾਰੇ ਚਿੰਤਾ-ਫ਼ਿਕਰ ਮਿਟ ਜਾਂਦੇ ਹਨ, (ਉਹਨਾਂ ਵਾਸਤੇ ਮਾਇਆ ਦੇ ਧੰਧਿਆਂ ਦੀਆਂ ਫਾਹੀਆਂ ਨਾਸ ਹੋ ਜਾਂਦੀਆਂ ਹਨ।)
30889	716	ਸੁਖ ਸੰਪਤਿ ਭੋਗ ਇਸੁ ਜੀਅ ਕੇ ਬਿਨੁ ਹਰਿ ਨਾਨਕ ਜਾਨੇ ਕੂਰ॥੨॥੪॥੨੩॥		Sukh Sanpath Bhog Eis Jeea Kae Bin Har Naanak Jaanae Koor ||2||4||23||	The comforts of wealth and the enjoyments of the soul - O Nanak, without the Lord, know them to be false. ||2||4||23||	ਦੁਨੀਆ ਦੇ ਸੁਖ, ਧਨ-ਪਦਾਰਥ, ਇਸ ਜਿੰਦ ਨੂੰ ਪਿਆਰੇ ਲੱਗਣ ਵਾਲੇ ਮਾਇਕ ਪਦਾਰਥਾਂ ਦੇ ਭੋਗ- ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਬਿਨਾ ਉਹ ਮਨੁੱਖ ਇਹਨਾਂ ਸਭਨਾਂ ਨੂੰ ਝੂਠੇ ਜਾਣਦੇ ਹਨ ॥੨॥੪॥੨੩॥
30890	716	ਟੋਡੀ ਮਃ ੫॥		Ttoddee Ma 5 ||	Todee, Fifth Mehl:	
30891	716	ਮਾਈ ਮੇਰੇ ਮਨ ਕੀ ਪਿਆਸ॥		Maaee Maerae Man Kee Piaas ||	O my mother, my mind is so thirsty.	ਹੇ ਮਾਂ! ਮੇਰੇ ਮਨ ਦੀ ਇਹ (ਪ੍ਰਭੂ ਦਰਸਨ ਦੀ) ਪਿਆਸ (ਸਦਾ ਟਿਕੀ ਰਹਿੰਦੀ ਹੈ)

30892	716	ਇਕੁ ਖਿਨੁ ਰਹਿ ਨ ਸਕਉ ਬਿਨੁ ਪ੍ਰੀਤਮ ਦਰਸਨ ਦੇਖਨ ਕਉ ਧਾਰੀ ਮਨਿ ਆਸ॥ਰਹਾਉ॥		Eik Khin Rehi N Sako Bin Preetham Dharasan Dhaekhan Ko Dhhaaree Man Aas || Rehaao ||	I cannot survive, even for an instant, without my Beloved. My mind is filled with the desire to behold the Blessed Vision of His Darshan. ||Pause||	ਪ੍ਰੀਤਮ ਪ੍ਰਭੂ (ਦਾ ਦਰਸਨ ਕਰਨ) ਤੋਂ ਬਿਨਾ ਮੈਂ ਇਕ ਛਿਨ ਭਰ ਭੀ ਰਹਿ ਨਹੀਂ ਸਕਦਾ। ਮੈਂ ਉਸ ਦਾ ਦਰਸਨ ਕਰਨ ਵਾਸਤੇ ਆਪਣੇ ਮਨ ਵਿਚ ਆਸ ਬਣਾਈ ਹੋਈ ਹੈ ਰਹਾਉ॥
30893	716	ਸਿਮਰਉ ਨਾਮੁ ਨਿਰੰਜਨ ਕਰਤੇ ਮਨ ਤਨ ਤੇ ਸਭਿ ਕਿਲਵਿਖ ਨਾਸ॥		Simaro Naam Niranjan Karathae Man Than Thae Sabh Kilavikh Naas ||	I meditate in remembrance on the Naam, the Name of the immaculate Creator Lord; all the sins and errors of my mind and body are washed away.	ਹੇ ਮਾਂ! ਉਸ ਨਿਰੰਜਨ ਕਰਤਾਰ ਦਾ ਨਾਮ ਮੈਂ (ਸਦਾ) ਸਿਮਰਦਾ ਰਹਿੰਦਾ ਹਾਂ। (ਸਿਮਰਨ ਦੀ ਬਰਕਤਿ ਨਾਲ, ਹੇ ਮਾਂ) ਮਨ ਤੋਂ, ਤਨ ਤੋਂ, ਸਾਰੇ ਪਾਪ ਦੂਰ ਹੋ ਜਾਂਦੇ ਹਨ;
30894	716	ਪੂਰਨ ਪਾਰਬ੍ਰਹਮ ਸੁਖਦਾਤੇ ਅਬਿਨਾਸੀ ਬਿਮਲ ਜਾ ਕੋ ਜਾਸ॥੧॥	(ਬਿਮਲ) ਨਿਰਮਲ	Pooran Paarabreham Sukhadhaathae Abinaasee Bimal Jaa Ko Jaas ||1||	The Perfect Supreme Lord God, the eternal, imperishable Giver of peace - spotless and pure are His Praises. ||1||	ਉਸ ਪੂਰਨ ਪਾਰਬ੍ਰਹਮ ਦਾ, ਉਸ ਸੁਖਦਾਤੇ ਦਾ, ਜਿਸ ਅਬਿਨਾਸੀ ਪ੍ਰਭੂ ਦੀ ਸਿਫ਼ਤਿ-ਸਾਲਾਹ (ਜੀਵਾਂ ਨੂੰ) ਪਵਿਤ੍ਰ (ਕਰ ਦੇਂਦੀ) ਹੈ ॥੧॥

30895	716	ਸੰਤ ਪ੍ਰਸਾਦਿ ਮੇਰੇ ਪੂਰ ਮਨੋਰਥ ਕਰਿ ਕਿਰਪਾ ਭੇਟੇ ਗੁਣਤਾਸ॥		Santh Prasaadh Maerae Poor Manorathh Kar Kirapaa Bhaettae Gunathaas ||	By the Grace of the Saints, my desires have been fulfilled; in His Mercy, the Lord, the treasure of virtue, has met me.	(ਹੇ ਮਾਂ!) ਗੁਰੂ ਦੀ ਕਿਰਪਾ ਨਾਲ ਮੇਰੀਆਂ ਮੁਰਾਦਾਂ ਪੂਰੀਆਂ ਹੋ ਗਈਆਂ ਹਨ, ਗੁਣਾਂ ਦੇ ਖ਼ਜ਼ਾਨੇ ਪ੍ਰਭੂ ਜੀ ਮੇਹਰ ਕਰ ਕੇ (ਮੈਨੂੰ) ਮਿਲ ਪਏ ਹਨ।
30896	717	ਸਾਂਤਿ ਸਹਜ ਸੂਖ ਮਨਿ ਉਪਜਿਓ ਕੋਟਿ ਸੂਰ ਨਾਨਕ ਪਰਗਾਸ॥੨॥੫॥੨੪॥		Saanth Sehaj Sookh Man Oupajiou Kott Soor Naanak Paragaas ||2||5||24||	Peace and tranquility, poise and pleasure, have welled up within my mind; millions of suns, O Nanak, illuminate me. ||2||5||24||	ਹੇ ਨਾਨਕ! (ਆਖ-ਮੇਰੇ) ਮਨ ਵਿਚ ਸ਼ਾਂਤੀ ਪੈਦਾ ਹੋ ਗਈ ਹੈ, ਆਤਮਕ ਅਡੋਲਤਾ ਦੇ ਸੁਖ ਪੈਦਾ ਹੋ ਗਏ ਹਨ, (ਮਾਨੋ) ਕ੍ਰੋੜਾਂ ਸੂਰਜਾਂ ਦਾ (ਮੇਰੇ ਅੰਦਰ) ਚਾਨਣ ਹੋ ਗਿਆ ਹੈ ॥੨॥੫॥੨੪॥
30897	717	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30898	717	ਹਰਿ ਹਰਿ ਪਤਿਤ ਪਾਵਨ॥		Har Har Pathith Paavan ||	The Lord, Har, Har, is the Purifier of sinners;	ਹੇ ਭਾਈ! ਪਰਮਾਤਮਾ ਵਿਕਾਰੀਆਂ ਨੂੰ ਪਵਿਤ੍ਰ ਕਰਨ ਵਾਲਾ ਹੈ।
30899	717	ਜੀਅ ਪ੍ਰਾਨ ਮਾਨ ਸੁਖਦਾਤਾ ਅੰਤਰਜਾਮੀ ਮਨ ਕੋ ਭਾਵਨ॥ਰਹਾਉ॥		Jeea Praan Maan Sukhadhaathaa Antharajaamee Man Ko Bhaavan || Rehaao ||	He is the soul, the breath of life, the Giver of peace and honor, the Inner-knower, the Searcher of hearts; He is pleasing to my mind. ||Pause||	ਉਹ (ਸਭ ਜੀਵਾਂ ਦੀ) ਜਿੰਦ ਪ੍ਰਾਣਾਂ ਦਾ ਸਹਾਰਾ ਹੈ, (ਸਭ ਨੂੰ) ਸੁਖ ਦੇਣ ਵਾਲਾ ਹੈ, (ਸਭ ਦੇ) ਦਿਲ ਦੀ ਜਾਣਨ ਵਾਲਾ ਹੈ, (ਸਭਨਾਂ ਦੇ) ਮਨ ਦਾ ਪਿਆਰਾ ਹੈ ਰਹਾਉ॥

30900	717	ਸੁੰਦਰੁ ਸੁਘੜੁ ਚਤੁਰੁ ਸਭ ਬੇਤਾ ਰਿਦ ਦਾਸ ਨਿਵਾਸ ਭਗਤ ਗੁਨ ਗਾਵਨ॥	ਸਭ (ਬੇਤਾ) ਜਾਨਣ ਵਾਲੇ	Sundhar Sugharr Chathur Sabh Baethaa Ridh Dhaas Nivaas Bhagath Gun Gaavan ||	He is beautiful and wise, clever and all-knowing. He dwells within the hearts of His slaves; His devotees sing His Glorious Praises.	ਹੇ ਭਾਈ! ਪਰਮਾਤਮਾ ਸੋਹਣਾ ਹੈ, ਸੁਚੱਜੀ ਘਾੜਤ ਵਾਲਾ ਹੈ, ਸਿਆਣਾ ਹੈ, ਸਭ ਕੁਝ ਜਾਣਨ ਵਾਲਾ ਹੈ, ਆਪਣੇ ਦਾਸਾਂ ਦੇ ਹਿਰਦੇ ਵਿਚ ਨਿਵਾਸ ਰੱਖਣ ਵਾਲਾ ਹੈ, ਭਗਤ ਉਸ ਦੇ ਗੁਣ ਗਾਂਦੇ ਹਨ।
30901	717	ਨਿਰਮਲ ਰੂਪ ਅਨੂਪ ਸੁਆਮੀ ਕਰਮ ਭੂਮਿ ਬੀਜਨ ਸੋ ਖਾਵਨ॥੧॥		Niramal Roop Anoop Suaamee Karam Bhoom Beejan So Khaavan ||1||	His form is immaculate and pure; He is the incomparable Lord and Master. Upon the field of actions and karma, whatever one plants, one eats. ||1||	ਉਹ ਮਾਲਕ ਪਵਿਤ੍ਰ-ਸਰੂਪ ਹੈ, ਬੇ-ਮਿਸਾਲ ਹੈ। ਉਸ ਦਾ ਬਣਾਇਆ ਹੋਇਆ ਇਹ ਮਨੁੱਖਾ ਸਰੀਰ ਕਰਮ ਬੀਜਣ ਲਈ ਧਰਤੀ ਹੈ; ਜੋ ਕੁਝ ਜੀਵ ਇਸ ਵਿਚ ਬੀਜਦੇ ਹਨ, ਉਹੀ ਖਾਂਦੇ ਹਨ ॥੧॥
30902	717	ਬਿਸਮਨ ਬਿਸਮ ਭਏ ਬਿਸਮਾਦਾ ਆਨ ਨ ਬੀਓ ਦੂਸਰ ਲਾਵਨ॥	(ਬੀਓ) ਦੂਜਾ	Bisaman Bisam Bheae Bisamaadhaa Aan N Beeou Dhoosar Laavan ||	I am amazed, and wonder-struck by His wonder. There is none other than Him.	(ਹੇ ਭਾਈ! ਉਸ ਪਰਮਾਤਮਾ ਬਾਰੇ ਸੋਚ ਕੇ) ਬਹੁਤ ਹੀ ਹੈਰਾਨ ਹੋ ਜਾਈਦਾ ਹੈ। ਕੋਈ ਭੀ ਹੋਰ ਦੂਜਾ ਉਸ ਦੇ ਬਰਾਬਰ ਦਾ ਨਹੀਂ ਹੈ।

30903	717	ਰਸਨਾ ਸਿਮਰਿ ਸਿਮਰਿ ਜਸੁ ਜੀਵਾ ਨਾਨਕ ਦਾਸ ਸਦਾ ਬਲਿ ਜਾਵਨ॥੨॥੬॥੨੫॥		Rasanaa Simar Simar Jas Jeevaa Naanak Dhaas Sadhaa Bal Jaavan ||2||6||25||	Meditating in remembrance on His Praises with my tongue, I live; slave Nanak is forever a sacrifice to Him. ||2||6||25||	ਹੇ ਨਾਨਕ! (ਆਖ-) ਉਸ ਦੇ ਸੇਵਕ ਉਸ ਤੋ ਸਦਾ ਸਦਕੇ ਹੁੰਦੇ ਹਨ। ਹੇ ਭਾਈ! ਉਸ ਦੀ ਸਿਫ਼ਤਿ-ਸਾਲਾਹ (ਆਪਣੀ) ਜੀਭ ਨਾਲ ਕਰ ਕਰ ਕੇ ਮੈਂ (ਭੀ) ਆਤਮਕ ਜੀਵਨ ਪ੍ਰਾਪਤ ਕਰ ਰਿਹਾ ਹਾਂ ॥੨॥੬॥੨੫॥
30904	717	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30905	717	ਮਾਈ ਮਾਇਆ ਛਲੁ॥		Maaee Maaeiaa Shhal ||	O my mother, Maya is so misleading and deceptive.	ਹੇ ਮਾਂ! ਮਾਇਆ ਇਕ ਛਲਾਵਾ ਹੈ (ਜੋ ਕਈ ਰੂਪ ਵਿਖਾ ਕੇ ਛੇਤੀ ਹੀ ਗੁੰਮ ਹੋ ਜਾਂਦਾ ਹੈ)।
30906	717	ਤ੍ਰਿਣ ਕੀ ਅਗਨਿ ਮੇਘ ਕੀ ਛਾਇਆ ਗੋਬਿਦ ਭਜਨ ਬਿਨੁ ਹਰ ਕਾ ਜਲੁ॥ਰਹਾਉ॥	ਹਰ੍ਹ	Thrin Kee Agan Maegh Kee Shhaaeiaa Gobidh Bhajan Bin Harr Kaa Jal || Rehaao ||	Without meditating on the Lord of the Universe, it is like straw on fire, or the shadow of a cloud, or the running of the flood-waters. ||Pause||	ਪਰਮਾਤਮਾ ਦੇ ਭਜਨ ਤੋਂ ਬਿਨਾ (ਇਸ ਮਾਇਆ ਦੀ ਪਾਂਇਆਂ ਇਤਨੀ ਹੈ ਜਿਵੇਂ ਕਿ) ਕੱਖਾਂ ਦੀ ਅੱਗ ਹੈ, ਬੱਦਲਾਂ ਦੀ ਛਾਂ ਹੈ, (ਦਰਿਆ ਦੇ) ਹੜ੍ਹ ਦਾ ਪਾਣੀ ਹੈ ਰਹਾਉ॥
30907	717	ਛੋਡਿ ਸਿਆਨਪ ਬਹੁ ਚਤੁਰਾਈ ਦੁਇ ਕਰ ਜੋੜਿ ਸਾਧ ਮਗਿ ਚਲੁ॥	ਚੱਲੁ	Shhodd Siaanap Bahu Chathuraaee Dhue Kar Jorr Saadhh Mag Chal ||	Renounce your cleverness and all your mental tricks; with your palms pressed together, walk on the Path of the Holy Saints.	ਹੇ ਭਾਈ! (ਮਾਇਆ ਛਲਾਵੇ ਦੇ ਧੋਖੇ ਤੋਂ ਬਚਣ ਲਈ) ਬਹੁਤੀਆਂ ਚਲਾਕੀਆਂ ਤੇ ਸਿਆਣਪਾਂ ਛੱਡ ਦੇ, ਦੋਵੇਂ ਹੱਥ ਜੋੜ ਕੇ ਗੁਰੂ ਦੇ (ਦੱਸੇ ਹੋਏ) ਰਸਤੇ ਉਤੇ ਤੁਰਿਆ ਕਰ,

30908	717	ਸਿਮਰਿ ਸੁਆਮੀ ਅੰਤਰਜਾਮੀ ਮਾਨੁਖ ਦੇਹ ਕਾ ਇਹੁ ਊਤਮ ਫਲੁ॥੧॥		Simar Suaamee Antharajaamee Maanukh Dhaeh Kaa Eihu Ootham Fal ||1||	Remember the Lord, the Inner-knower, the Searcher of hearts; this is the most sublime reward of this human incarnation. ||1||	ਅੰਤਰਜਾਮੀ ਮਾਲਕ ਪ੍ਰਭੂ ਦਾ ਨਾਮ ਸਿਮਰਿਆ ਕਰ-ਮਨੁੱਖ ਸਰੀਰ ਦਾ ਸਭ ਤੋਂ ਚੰਗਾ ਫਲ ਇਹੀ ਹੈ ॥੧॥
30909	717	ਬੇਦ ਬਖਿਆਨ ਕਰਤ ਸਾਧੂ ਜਨ ਭਾਗਹੀਨ ਸਮਝਤ ਨਹੀ ਖਲੁ॥		Baedh Bakhiaan Karath Saadhhoo Jan Bhaageheen Samajhath Nehee Khal ||	The Holy Saints preach the teachings of the Vedas, but the unfortunate fools do not understand them.	ਹੇ ਭਾਈ! ਭਲੇ ਮਨੁੱਖ ਆਤਮਕ ਜੀਵਨ ਦੀ ਸੂਝ ਦਾ ਇਹ ਉਪਦੇਸ਼ ਕਰਦੇ ਹੀ ਰਹਿੰਦੇ ਹਨ, ਪਰ ਨਿਭਾਗਾ ਮੂਰਖ ਮਨੁੱਖ (ਇਸ ਉਪਦੇਸ਼ ਨੂੰ) ਨਹੀਂ ਸਮਝਦਾ।
30910	717	ਪ੍ਰੇਮ ਭਗਤਿ ਰਾਚੇ ਜਨ ਨਾਨਕ ਹਰਿ ਸਿਮਰਨਿ ਦਹਨ ਭਏ ਮਲ॥੨॥੭॥੨੬॥	(ਦਹਨ ਭਏ) ਸੜ ਗਏ। (ਮਲ)ਪਾਪ।ਮਲ:ਪੋਲਾ ਬੋਲੋ	Praem Bhagath Raachae Jan Naanak Har Simaran Dhehan Bheae Mal ||2||7||26||	Servant Nanak is absorbed in loving devotional worship; meditating in remembrance on the Lord, one's dirt is burnt away. ||2||7||26||	ਹੇ ਨਾਨਕ! ਪ੍ਰਭੂ ਦੇ ਦਾਸ ਪ੍ਰਭੂ ਦੀ ਪਿਆਰ-ਭਗਤੀ ਵਿਚ ਮਸਤ ਰਹਿੰਦੇ ਹਨ। ਪਰਮਾਤਮਾ ਦੇ ਸਿਮਰਨ ਦੀ ਬਰਕਤਿ ਨਾਲ (ਉਹਨਾਂ ਦੇ ਅੰਦਰੋਂ ਕਾਮਾਦਿਕ) ਭਲਵਾਨ ਸੜ ਕੇ ਸੁਆਹ ਹੋ ਜਾਂਦੇ ਹਨ ॥੨॥੭॥੨੬॥
30911	717	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30912	717	ਮਾਈ ਚਰਨ ਗੁਰ ਮੀਠੇ॥		Maaee Charan Gur Meethae ||	O mother, the Guru's feet are so sweet.	ਹੇ ਮਾਂ! ਗੁਰੂ ਦੇ ਚਰਨ (ਮੈਨੂੰ) ਪਿਆਰੇ ਲੱਗਦੇ ਹਨ।

30913	717	ਵਡੈਭਾਗਿ ਦੇਵੈ ਪਰਮੇਸਰੁ ਕੋਟਿ ਫਲਾ ਦਰਸਨ ਗੁਰ ਡੀਠੇ॥ਰਹਾਉ॥		Vaddai Bhaag Dhaevai Paramaesar Kott Falaa Dharasan Gur Ddeethae || Rehaao ||	By great good fortune, the Transcendent Lord has blessed me with them. Millions of rewards come from the Blessed Vision of the Guru's Darshan. ||Pause||	(ਜਿਸ ਮਨੁੱਖ ਨੂੰ) ਵੱਡੀ ਕਿਸਮਤ ਨਾਲ ਪਰਮਾਤਮਾ (ਗੁਰੂ ਦੇ ਚਰਨਾਂ ਦਾ ਮਿਲਾਪ) ਦੇਂਦਾ ਹੈ, ਗੁਰੂ ਦਾ ਦਰਸਨ ਕੀਤਿਆਂ (ਉਸ ਮਨੁੱਖ ਨੂੰ) ਕ੍ਰੋੜਾਂ (ਪੁੰਨਾਂ ਦੇ) ਫਲ ਪ੍ਰਾਪਤ ਹੋ ਜਾਂਦੇ ਹਨ ਰਹਾਉ॥
30914	717	ਗੁਨ ਗਾਵਤ ਅਚੁਤ ਅਬਿਨਾਸੀ ਕਾਮ ਕ੍ਰੋਧ ਬਿਨਸੇ ਮਦ ਢੀਠੇ॥	(ਅ-ਚੁੱਤ) ਅਟੱਲ	Gun Gaavath Achuth Abinaasee Kaam Krodhh Binasae Madh Dteethae ||	Singing the Glorious Praises of the imperishable, indestructible Lord, sexual desire, anger and stubborn pride vanish.	ਹੇ ਮਾਂ! (ਗੁਰੂ ਦੇ ਚਰਨੀਂ ਪੈ ਕੇ) ਅਟੱਲ ਅਬਿਨਾਸੀ ਪਰਮਾਤਮਾ ਦੇ ਗੁਣ ਗਾਂਦਿਆਂ ਗਾਂਦਿਆਂ ਮੁੜ ਮੁੜ ਹੱਲਾ ਕਰ ਕੇ ਆਉਣ ਵਾਲੇ ਕਾਮ ਕ੍ਰੋਧ ਅਹੰਕਾਰ (ਆਦਿਕ ਵਿਕਾਰ) ਨਾਸ ਹੋ ਜਾਂਦੇ ਹਨ।
30915	717	ਅਸਥਿਰ ਭਏ ਸਾਚ ਰੰਗਿ ਰਾਤੇ ਜਨਮ ਮਰਨ ਬਾਹੁਰਿ ਨਹੀ ਪੀਠੇ॥੧॥		Asathhir Bheae Saach Rang Raathae Janam Maran Baahur Nehee Peethae ||1||	Those who are imbued with the Love of the True Lord become permanent and eternal; birth and death do not grind them down any more. ||1||	(ਗੁਰੂ ਦੇ ਚਰਨਾਂ ਦੀ ਬਰਕਤਿ ਨਾਲ ਜੇਹੜੇ ਮਨੁੱਖ) ਸਦਾ-ਥਿਰ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ ਉਹ (ਵਿਕਾਰਾਂ ਦੇ ਹੱਲਿਆਂ ਦੇ ਟਾਕਰੇ ਤੇ) ਅਡੋਲ ਹੋ ਜਾਂਦੇ ਹਨ, ਉਹ ਜਨਮ ਮਰਣ (ਦੀ ਚੱਕੀ) ਵਿਚ ਮੁੜ ਮੁੜ ਨਹੀਂ ਪੀਸੇ ਜਾਂਦੇ ॥੧॥

30916	717	ਬਿਨੁ ਹਰਿ ਭਜਨ ਰੰਗ ਰਸ ਜੇਤੇ ਸੰਤ ਦਇਆਲ ਜਾਨੇ ਸਭਿ ਝੂਠੇ॥		Bin Har Bhajan Rang Ras Jaethae Santh Dhaeiaal Jaanae Sabh Jhoothae ||	Without the Lord's meditation, all joys and pleasures are totally false and worthless; by the Kind Mercy of the Saints, I know this.	ਹੇ ਮਾਂ! (ਜੇਹੜੇ ਮਨੁੱਖ ਗੁਰੂ ਦੇ ਚਰਨੀਂ ਲੱਗਦੇ ਹਨ, ਉਹ) ਦਇਆ ਦੇ ਘਰ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਭਜਨ (ਦੇ ਆਨੰਦ) ਤੋਂ ਬਿਨਾ ਹੋਰ ਸਾਰੇ ਹੀ (ਦੁਨੀਆਵੀ) ਸੁਆਦਾਂ ਤੇ ਤਮਾਸ਼ਿਆਂ ਨੂੰ ਝੂਠੇ ਜਾਣਦੇ ਹਨ।
30917	717	ਨਾਮ ਰਤਨੁ ਪਾਇਓ ਜਨ ਨਾਨਕ ਨਾਮ ਬਿਹੂਨ ਚਲੇ ਸਭਿ ਮੂਠੇ॥੨॥੮॥੨੭॥		Naam Rathan Paaeiou Jan Naanak Naam Bihoon Chalae Sabh Moothae ||2||8||27||	Servant Nanak has found the jewel of the Naam; without the Naam, all must depart, cheated and plundered. ||2||8||27||	ਹੇ ਨਾਨਕ! (ਆਖ-ਹੇ ਮਾਂ!) ਪਰਮਾਤਮਾ ਦੇ ਸੇਵਕ (ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ) ਰਤਨ (ਵਰਗਾ ਕੀਮਤੀ) ਨਾਮ ਹਾਸਲ ਕਰਦੇ ਹਨ। ਹਰਿ-ਨਾਮ ਤੋਂ ਸੱਖਣੇ ਸਾਰੇ ਹੀ ਜੀਵ (ਆਪਣਾ ਆਤਮਕ ਜੀਵਨ) ਲੁਟਾ ਕੇ (ਜਗਤ ਤੋਂ) ਜਾਂਦੇ ਹਨ ॥੨॥੮॥੨੭॥
30918	717	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30919	717	ਸਾਧਸੰਗਿ ਹਰਿ ਹਰਿ ਨਾਮੁ ਚਿਤਾਰਾ॥		Saadhhasang Har Har Naam Chithaaraa ||	In the Saadh Sangat, the Company of the Holy, I contemplate the Name of the Lord, Har, Har.	ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ,

30920	717	ਸਹਜਿ ਅਨੰਦੁ ਹੋਵੈ ਦਿਨੁ ਰਾਤੀ ਅੰਕੁਰੁ ਭਲੋ ਹਮਾਰਾ॥ਰਹਾਉ॥	(ਅੰਕੁਰੁ) ਭਾਗ	Sehaj Anandh Hovai Dhin Raathee Ankur Bhalo Hamaaraa || Rehaao ||	I am in peaceful poise and bliss, day and night; the seed of my destiny has sprouted. ||Pause||	(ਉਸ ਦੇ ਅੰਦਰ ਆਤਮਕ ਅਡੋਲਤਾ ਪੈਦਾ ਹੋ ਜਾਂਦੀ ਹੈ, ਉਸ) ਆਤਮਕ ਅਡੋਲਤਾ ਦੇ ਕਾਰਨ (ਉਸ ਦੇ ਅੰਦਰ) ਦਿਨ ਰਾਤ (ਹਰ ਵੇਲੇ) ਆਨੰਦ ਬਣਿਆ ਰਹਿੰਦਾ ਹੈ। (ਹੇ ਭਾਈ! ਸਾਧ ਸੰਗਤਿ ਦੀ ਬਰਕਤਿ ਨਾਲ) ਅਸਾਂ ਜੀਵਾਂ ਦੇ ਪਿਛਲੇ ਕੀਤੇ ਕਰਮਾਂ ਦਾ ਭਲਾ ਅੰਗੂਰ ਫੁੱਟ ਪੈਂਦਾ ਹੈ ਰਹਾਉ॥
30921	717	ਗੁਰੁ ਪੂਰਾ ਭੇਟਿਓ ਬਡਭਾਗੀ ਜਾ ਕੋ ਅੰਤੁ ਨ ਪਾਰਾਵਾਰਾ॥		Gur Pooraa Bhaettiou Baddabhaagee Jaa Ko Anth N Paaraavaaraa ||	I have met the True Guru, by great good fortune; He has no end or limitation.	ਹੇ ਭਾਈ! ਜਿਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ, ਜਿਸ ਦੀ ਹਸਤੀ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ।
30922	717	ਕਰੁ ਗਹਿ ਕਾਢਿ ਲੀਓ ਜਨੁ ਅਪਨਾ ਬਿਖੁ ਸਾਗਰ ਸੰਸਾਰਾ॥੧॥		Kar Gehi Kaadt Leeou Jan Apunaa Bikh Saagar Sansaaraa ||1||	Taking His humble servant by the hand, He pulls him out of the poisonous world-ocean. ||1||	ਉਹ ਪਰਮਾਤਮਾ ਆਪਣੇ ਉਸ ਸੇਵਕ ਨੂੰ (ਉਸਦਾ) ਹੱਥ ਫੜ ਕੇ ਵਿਹੁਲੇ ਸੰਸਾਰ-ਸਮੁੰਦਰ ਵਿਚੋਂ ਬਾਹਰ ਕੱਢ ਲੈਂਦਾ ਹੈ, (ਜਿਸ ਸੇਵਕ ਨੂੰ) ਵੱਡੀ ਕਿਸਮਤ ਨਾਲ ਪੂਰਾ ਗੁਰੂ ਮਿਲ ਪੈਂਦਾ ਹੈ ॥੧॥

30923	717	ਜਨਮ ਮਰਨ ਕਾਟੇ ਗੁਰ ਬਚਨੀ ਬਹੁੜਿ ਨ ਸੰਕਟ ਦੁਆਰਾ॥		Janam Maran Kaattae Gur Bachanee Bahurr N Sankatt Dhuaaraa ||	Birth and death are ended for me, by the Word of the Guru's Teachings; I shall no longer pass through the door of pain and suffering.	ਹੇ ਭਾਈ! ਗੁਰੂ ਦੇ ਬਚਨਾਂ ਉਤੇ ਤੁਰਿਆਂ ਜਨਮ ਮਰਨ ਵਿਚ ਪਾਣ ਵਾਲੀਆਂ ਫਾਹੀਆਂ ਕੱਟੀਆਂ ਜਾਂਦੀਆਂ ਹਨ, ਕਸ਼ਟਾਂ-ਭਰੇ ਚੌਰਾਸੀ ਦੇ ਗੇੜ ਦਾ ਦਰਵਾਜ਼ਾ ਮੁੜ ਨਹੀਂ ਵੇਖਣਾ ਪੈਂਦਾ।
30924	717	ਨਾਨਕ ਸਰਨਿ ਗਹੀ ਸੁਆਮੀ ਕੀ ਪੁਨਹ ਪੁਨਹ ਨਮਸਕਾਰਾ॥੨॥੯॥੨੮॥		Naanak Saran Gehee Suaamee Kee Puneh Puneh Namasakaaraa ||2||9||28||	Nanak holds tight to the Sanctuary of his Lord and Master; again and again, he bows in humility and reverence to Him. ||2||9||28||	ਹੇ ਨਾਨਕ! (ਆਖ-ਹੇ ਭਾਈ! ਗੁਰੂ ਦੀ ਸੰਗਤਿ ਦੀ ਬਰਕਤਿ ਨਾਲ) ਮੈਂ ਭੀ ਮਾਲਕ-ਪ੍ਰਭੂ ਦਾ ਆਸਰਾ ਲਿਆ ਹੈ, ਮੈਂ (ਉਸ ਦੇ ਦਰ ਤੇ) ਮੁੜ ਮੁੜ ਸਿਰ ਨਿਵਾਂਦਾ ਹਾਂ ॥੨॥੯॥੨੮॥
30925	717	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30926	717	ਮਾਈ ਮੇਰੇ ਮਨ ਕੋ ਸੁਖੁ॥		Maaee Maerae Man Ko Sukh ||	O my mother, my mind is at peace.	ਹੇ ਮਾਂ! (ਪਰਮਾਤਮਾ ਦਾ ਨਾਮ ਸਿਮਰਦਿਆਂ) ਮੇਰੇ ਮਨ ਦਾ ਸੁਖ (ਇਤਨਾ ਉੱਚਾ ਹੋ ਜਾਂਦਾ ਹੈ,
30927	717	ਕੋਟਿ ਅਨੰਦ ਰਾਜ ਸੁਖੁ ਭੁਗਵੈ ਹਰਿ ਸਿਮਰਤ ਬਿਨਸੈ ਸਭ ਦੁਖੁ॥੧॥ਰਹਾਉ॥		Kott Anandh Raaj Sukh Bhugavai Har Simarath Binasai Sabh Dhukh ||1|| Rehaao ||	I enjoy the ecstasy of millions of princely pleasures; remembering the Lord in meditation, all pains have been dispelled. ||1||Pause||	ਕਿ ਇਉਂ ਜਾਪਦਾ ਹੈ, ਜਿਵੇਂ ਮੇਰਾ ਮਨ) ਕ੍ਰੋੜਾਂ ਆਨੰਦ ਮਾਣ ਰਿਹਾ ਹੈ; ਕ੍ਰੋੜਾਂ ਬਾਦਸ਼ਾਹੀਆਂ ਦਾ ਸੁਖ ਮਾਣ ਰਿਹਾ ਹੈ। ਹੇ ਮਾਂ! ਪਰਮਾਤਮਾ ਦਾ ਨਾਮ ਸਿਮਰਦਿਆਂ ਸਾਰਾ ਦੁੱਖ ਨਾਸ ਹੋ ਜਾਂਦਾ ਹੈ ॥੧॥ ਰਹਾਉ ॥

30928	717	ਕੋਟਿ ਜਨਮ ਕੇ ਕਿਲਬਿਖ ਨਾਸਹਿ ਸਿਮਰਤ ਪਾਵਨ ਤਨ ਮਨ ਸੁਖ॥		Kott Janam Kae Kilabikh Naasehi Simarath Paavan Than Man Sukh ||	The sins of millions of lifetimes are erased, by meditating on the Lord; becoming pure, my mind and body have found peace.	ਹੇ ਮਾਂ! ਪਰਮਾਤਮਾ ਦਾ ਨਾਮ ਸਿਮਰਿਆਂ ਤਨ ਮਨ ਪਵਿਤ੍ਰ ਹੋ ਜਾਂਦੇ ਹਨ, ਆਤਮਕ ਆਨੰਦ ਪ੍ਰਾਪਤ ਹੁੰਦਾ ਹੈ, ਕ੍ਰੋੜਾਂ ਜਨਮਾਂ ਦੇ (ਕੀਤੇ ਹੋਏ) ਪਾਪ ਨਾਸ ਹੋ ਜਾਂਦੇ ਹਨ।
30929	717	ਦੇਖਿ ਸਰੂਪੁ ਪੂਰਨੁ ਭਈ ਆਸਾ ਦਰਸਨੁ ਭੇਟਤ ਉਤਰੀ ਭੁਖ॥੧॥		Dhaekh Saroop Pooran Bhee Aasaa Dharasan Bhaettath Outharee Bhukh ||1||	Gazing upon the Lord's form of perfect beauty, my hopes have been fulfilled; attaining the Blessed Vision of His Darshan, my hunger has been appeased. ||1||	(ਸਿਮਰਨ ਦੀ ਬਰਕਤਿ ਨਾਲ) ਪ੍ਰਭੂ ਦਾ ਦੀਦਾਰ ਕਰ ਕੇ (ਮਨ ਦੀ ਹਰੇਕ) ਮੁਰਾਦ ਪੂਰੀ ਹੋ ਜਾਂਦੀ ਹੈ, ਦਰਸਨ ਕਰਦਿਆਂ (ਮਾਇਆ ਦੀ) ਭੁੱਖ ਦੂਰ ਹੋ ਜਾਂਦੀ ਹੈ ॥੧॥
30930	717	ਚਾਰਿ ਪਦਾਰਥ ਅਸਟ ਮਹਾ ਸਿਧਿ ਕਾਮਧੇਨੁ ਪਾਰਜਾਤ ਹਰਿ ਹਰਿ ਰੁਖੁ॥		Chaar Padhaarathh Asatt Mehaa Sidhh Kaamadhhaen Paarajaath Har Har Rukh ||	The four great blessings, the eight supernatural spiritual powers of the Siddhas, the wish-fulfilling Elysian cow, and the wish-fulfilling tree of life - all these come from the Lord, Har, Har.	ਹੇ ਮਾਂ! ਚਾਰ ਪਦਾਰਥ (ਦੇਣ ਵਾਲਾ), ਅੱਠ ਵੱਡੀਆਂ ਕਰਾਮਾਤੀ ਤਾਕਤਾਂ (ਦੇਣ ਵਾਲਾ) ਪਰਮਾਤਮਾ ਆਪ ਹੀ ਹੈ। ਪਰਮਾਤਮਾ ਆਪ ਹੀ ਹੈ ਕਾਮਧੇਨ; ਪਰਮਾਤਮਾ ਆਪ ਹੀ ਹੈ ਪਾਰਜਾਤ ਰੁੱਖ।

30931	717	ਨਾਨਕ ਸਰਨਿ ਗਹੀ ਸੁਖਸਾਗਰ ਜਨਮ ਮਰਨ ਫਿਰਿ ਗਰਭ ਨ ਧੁਖੁ॥੨॥੧੦॥੨੯॥	ਧੁਖੁ:ਪੋਲਾ ਬੋਲੋ	Naanak Saran Gehee Sukh Saagar Janam Maran Fir Garabh N Dhhukh ||2||10||29||	O Nanak, holding tight to the Sanctuary of the Lord, the ocean of peace, you shall not suffer the pains of birth and death, or fall into the womb of reincarnation again. ||2||10||29||	ਹੇ ਨਾਨਕ! (ਆਖ-ਹੇ ਮਾਂ! ਜਿਸ ਮਨੁੱਖ ਨੇ) ਸੁਖਾਂ ਦੇ ਸਮੁੰਦਰ ਪਰਮਾਤਮਾ ਦਾ ਆਸਰਾ ਲੈ ਲਿਆ, ਉਸ ਨੂੰ ਜਨਮ ਮਰਨ ਦੇ ਗੇੜ ਦਾ ਫ਼ਿਕਰ, ਜੂਨਾਂ ਵਿਚ ਪੈਣ ਦਾ ਫ਼ਿਕਰ ਨਹੀਂ ਰਹਿੰਦਾ ॥੨॥੧੦॥੨੯॥
30932	718	ਟੋਡੀ ਮਹਲਾ ੫॥		Ttoddee Mehalaa 5 ||	Todee, Fifth Mehl:	
30933	718	ਹਰਿ ਹਰਿ ਚਰਨ ਰਿਦੈ ਉਰ ਧਾਰੇ॥		Har Har Charan Ridhai Our Dhhaarae ||	I have enshrined the Lord's Feet within my heart.	ਹੇ ਭਾਈ! ਪਰਮਾਤਮਾ ਦੇ ਚਰਨ ਸਦਾ ਆਪਣੇ ਹਿਰਦੇ ਵਿਚ ਚੰਗੀ ਤਰ੍ਹਾਂ ਸਾਂਭ ਰੱਖ।
30934	718	ਸਿਮਰਿ ਸੁਆਮੀ ਸਤਿਗੁਰੁ ਅਪੁਨਾ ਕਾਰਜ ਸਫਲ ਹਮਾਰੇ॥੧॥ਰਹਾਉ॥		Simar Suaamee Sathigur Apunaa Kaaraj Safal Hamaarae ||1|| Rehaao ||	Contemplating my Lord and Master, my True Guru, all my affairs have been resolved. ||1||Pause||	ਆਪਣੇ ਗੁਰੂ ਨੂੰ ਮਾਲਕ ਪ੍ਰਭੂ ਨੂੰ ਸਿਮਰ ਕੇ ਅਸਾਂ ਜੀਵਾਂ ਦੇ ਸਾਰੇ ਕੰਮ ਸਿਰੇ ਚੜ੍ਹ ਸਕਦੇ ਹਨ ॥੧॥ ਰਹਾਉ ॥

30935	718	ਪੁੰਨ ਦਾਨ ਪੂਜਾ ਪਰਮੇਸੁਰ ਹਰਿ ਕੀਰਤਿ ਤਤੁ ਬੀਚਾਰੇ॥		Punn Dhaan Poojaa Paramaesur Har Keerath Thath Beechaarae ||	The merits of giving donations to charity and devotional worship come from the Kirtan of the Praises of the Transcendent Lord; this is the true essence of wisdom.	ਹੇ ਭਾਈ! ਸਾਰੀਆਂ ਵਿਚਾਰਾਂ ਦਾ ਨਿਚੋੜ ਇਹ ਹੈ ਕਿ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੀ ਪਰਮਾਤਮਾ ਦੀ ਪੂਜਾ ਹੈ, ਤੇ, ਪੁੰਨ-ਦਾਨ ਹੈ।
30936	718	ਗੁਨ ਗਾਵਤ ਅਤੁਲ ਸੁਖੁ ਪਾਇਆ ਠਾਕੁਰ ਅਗਮ ਅਪਾਰੇ॥੧॥	ਅ-ਤੁੱਲ	Gun Gaavath Athul Sukh Paaeiaa Thaakur Agam Apaarae ||1||	Singing the Praises of the unapproachable, infinite Lord and Master, I have found immeasurable peace. ||1||	ਅਪਹੁੰਚ ਤੇ ਬੇਅੰਤ ਮਾਲਕ-ਪ੍ਰਭੂ ਦੇ ਗੁਣ ਗਾਂਦਿਆਂ ਬੇਅੰਤ ਸੁਖ ਪ੍ਰਾਪਤ ਕਰ ਲਈਦਾ ਹੈ ॥੧॥
30937	718	ਜੋ ਜਨ ਪਾਰਬ੍ਰਹਮਿ ਅਪਨੇ ਕੀਨੇ ਤਿਨ ਕਾ ਬਾਹੁਰਿ ਕਛੁ ਨ ਬੀਚਾਰੇ॥		Jo Jan Paarabreham Apanae Keenae Thin Kaa Baahur Kashh N Beechaarae ||	The Supreme Lord God does not consider the merits and demerits of those humble beings whom He makes His own.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਨੇ ਆਪਣੇ (ਸੇਵਕ) ਬਣਾ ਲਿਆ ਉਹਨਾਂ ਦੇ ਕਰਮਾਂ ਦਾ ਲੇਖਾ ਮੁੜ ਨਹੀਂ ਪੁੱਛਦਾ।

30938	718	ਨਾਮ ਰਤਨੁ ਸੁਨਿ ਜਪਿ ਜਪਿ ਜੀਵਾ ਹਰਿ ਨਾਨਕ ਕੰਠ ਮਝਾਰੇ॥੨॥੧੧॥੩੦॥	(ਮਝਾਰੇ) ਵਿੱਚ	Naam Rathan Sun Jap Jap Jeevaa Har Naanak Kanth Majhaarae ||2||11||30||	Hearing, chanting and meditating on the jewel of the Naam, I live; Nanak wears the Lord as his necklace. ||2||11||30||	ਹੇ ਨਾਨਕ! (ਆਖ-) ਮੈਂ ਭੀ ਪਰਮਾਤਮਾ ਦੇ ਰਤਨ (ਵਰਗੇ ਕੀਮਤੀ) ਨਾਮ ਨੂੰ ਆਪਣੇ ਗਲੇ ਵਿਚ ਪ੍ਰੋ ਲਿਆ ਹੈ, ਨਾਮ ਸੁਣ ਸੁਣ ਕੇ ਜਪ ਜਪ ਕੇ ਮੈਂ ਆਤਮਕ ਜੀਵਨ ਪ੍ਰਾਪਤ ਕਰ ਰਿਹਾ ਹਾਂ ॥੨॥੧੧॥੩੦॥
30939	718	ਟੋਡੀ ਮਹਲਾ ੯	ਨਾਵਾਂ	Ttoddee Mehalaa 9	Todee, Ninth Mehl:	ਰਾਗ ਟੋਡੀ ਵਿੱਚ ਗੁਰੂ ਤੇਗਬਹਾਦਰ ਜੀ ਦੀ ਬਾਣੀ।
30940	718	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30941	718	ਕਹਉ ਕਹਾ ਅਪਨੀ ਅਧਮਾਈ॥	(ਪੋਲਾ ਅਧਮਾਈ)ਨੀਚਤਾਈ	Keho Kehaa Apanee Adhhamaaee ||	What can I say about my base nature?	ਹੇ ਭਾਈ! ਮੈਂ ਆਪਣੀ ਨੀਚਤਾ ਕਿਤਨੀ ਕੁ ਬਿਆਨ ਕਰਾਂ?
30942	718	ਉਰਝਿਓ ਕਨਕ ਕਾਮਨੀ ਕੇ ਰਸ ਨਹ ਕੀਰਤਿ ਪ੍ਰਭ ਗਾਈ॥੧॥ਰਹਾਉ॥	(ਕਨਕ) ਸੋਨਾ	Ourajhiou Kanak Kaamanee Kae Ras Neh Keerath Prabh Gaaee ||1|| Rehaao ||	I am entangled in the love of gold and women, and I have not sung the Kirtan of God's Praises. ||1||Pause||	ਮੈਂ (ਕਦੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਹੀਂ ਕੀਤੀ, (ਮੇਰਾ ਮਨ) ਧਨ-ਪਦਾਰਥ ਅਤੇ ਇਸਤ੍ਰੀ ਦੇ ਰਸਾਂ ਵਿਚ ਹੀ ਫਸਿਆ ਰਹਿੰਦਾ ਹੈ ॥੧॥ ਰਹਾਉ ॥

30943	718	ਜਗ ਝੂਠੇ ਕਉ ਸਾਚੁ ਜਾਨਿ ਕੈ ਤਾ ਸਿਉ ਰੁਚ ਉਪਜਾਈ॥		Jag Jhoothae Ko Saach Jaan Kai Thaa Sio Ruch Oupajaaee ||	I judge the false world to be true, and I have fallen in love with it.	ਹੇ ਭਾਈ! ਇਸ ਨਾਸਵੰਤ ਸੰਸਾਰ ਨੂੰ ਸਦਾ ਕਾਇਮ ਰਹਿਣ ਵਾਲਾ ਸਮਝ ਕੇ ਮੈਂ ਇਸ ਸੰਸਾਰ ਨਾਲ ਹੀ ਪ੍ਰੀਤ ਬਣਾਈ ਹੋਈ ਹੈ।
30944	718	ਦੀਨ ਬੰਧ ਸਿਮਰਿਓ ਨਹੀ ਕਬਹੂ ਹੋਤ ਜੁ ਸੰਗਿ ਸਹਾਈ॥੧॥		Dheen Bandhh Simariou Nehee Kabehoo Hoth J Sang Sehaaee ||1||	I have never contemplated the friend of the poor, who shall be my companion and helper in the end. ||1||	ਮੈਂ ਉਸ ਪਰਮਾਤਮਾ ਦਾ ਨਾਮ ਕਦੇ ਨਹੀਂ ਸਿਮਰਿਆ ਜੋ ਨਿਮਾਣਿਆਂ ਦਾ ਰਿਸ਼ਤੇਦਾਰ ਹੈ, ਅਤੇ ਜੇਹੜਾ (ਸਦਾ ਸਾਡੇ) ਨਾਲ ਮਦਦਗਾਰ ਹੈ ॥੧॥
30945	718	ਮਗਨ ਰਹਿਓ ਮਾਇਆ ਮੈ ਨਿਸ ਦਿਨਿ ਛੁਟੀ ਨ ਮਨ ਕੀ ਕਾਈ॥	(ਕਾਈ) ਪਾਣੀ ਤੇ ਮੈਲ਼ ਦੀ ਪਰਤ	Magan Rehiou Maaeiaa Mai Nis Dhin Shhuttee N Man Kee Kaaee ||	I remain intoxicated by Maya, night and day, and the filth of my mind will not depart.	ਹੇ ਭਾਈ! ਮੈਂ ਰਾਤ ਦਿਨ ਮਾਇਆ (ਦੇ ਮੋਹ) ਵਿਚ ਮਸਤ ਰਿਹਾ ਹਾਂ, (ਇਸ ਤਰ੍ਹਾਂ ਮੇਰੇ) ਮਨ ਦੀ ਮੈਲ ਦੂਰ ਨਹੀਂ ਹੋ ਸਕੀ।
30946	718	ਕਹਿ ਨਾਨਕ ਅਬਿ ਨਾਹਿ ਅਨਤ ਗਤਿ ਬਿਨੁ ਹਰਿ ਕੀ ਸਰਨਾਈ॥੨॥੧॥੩੧॥		Kehi Naanak Ab Naahi Anath Gath Bin Har Kee Saranaaee ||2||1||31||	Says Nanak, now, without the Lord's Sanctuary, I cannot find salvation in any other way. ||2||1||31||	ਨਾਨਕ ਆਖਦਾ ਹੈ- ਹੁਣ (ਜਦੋਂ ਮੈਂ ਗੁਰੂ ਦੀ ਸਰਨ ਪਿਆ ਹਾਂ, ਤਾਂ ਮੈਨੂੰ ਸਮਝ ਆਈ ਹੈ ਕਿ) ਪ੍ਰਭੂ ਦੀ ਸਰਣ ਪੈਣ ਤੋਂ ਬਿਨਾ ਕਿਸੇ ਭੀ ਹੋਰ ਥਾਂ ਉੱਚੀ ਆਤਮਕ ਅਵਸਥਾ ਪ੍ਰਾਪਤ ਨਹੀਂ ਹੋ ਸਕਦੀ ॥੨॥੧॥੩੧॥

30947	718	ਟੋਡੀ ਬਾਣੀ ਭਗਤਾਂ ਕੀ		Ttoddee Baanee Bhagathaan Kee	Todee, The Word Of The Devotees:	ਰਾਗ ਟੋਡੀ ਵਿੱਚ ਭਗਤਾਂ ਦੀ ਬਾਣੀ।
30948	718	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
30949	718	ਕੋਈ ਬੋਲੈ ਨਿਰਵਾ ਕੋਈ ਬੋਲੈ ਦੂਰਿ॥	(ਨਿਰਵਾ) ਨੇੜੇ	Koee Bolai Niravaa Koee Bolai Dhoor ||	Some say that He is near, and others say that He is far away.	ਕੋਈ ਮਨੁੱਖ ਆਖਦਾ ਹੈ (ਪਰਮਾਤਮਾ ਅਸਾਡੇ) ਨੇੜੇ (ਵੱਸਦਾ ਹੈ), ਕੋਈ ਆਖਦਾ ਹੈ (ਪ੍ਰਭੂ ਅਸਾਥੋਂ ਕਿਤੇ) ਦੂਰ (ਥਾਂ ਤੇ ਹੈ);
30950	718	ਜਲ ਕੀ ਮਾਛੁਲੀ ਚਰੈ ਖਜੂਰਿ॥੧॥	ਚਰੈ	Jal Kee Maashhulee Charai Khajoor ||1||	We might just as well say that the fish climbs out of the water, up the tree. ||1||	(ਪਰ ਨਿਰਾ ਬਹਿਸ ਨਾਲ ਨਿਰਣਾ ਕਰ ਲੈਣਾ ਇਉਂ ਹੀ ਅਸੰਭਵ ਹੈ ਜਿਵੇਂ) ਪਾਣੀ ਵਿਚ ਰਹਿਣ ਵਾਲੀ ਮੱਛੀ ਖਜੂਰ ਉੱਤੇ ਚੜ੍ਹਨ ਦਾ ਜਤਨ ਕਰੇ (ਜਿਸ ਉੱਤੇ ਮਨੁੱਖ ਭੀ ਬੜੇ ਔਖੇ ਹੋ ਕੇ ਚੜ੍ਹਦੇ ਹਨ) ॥੧॥
30951	718	ਕਾਂਇ ਰੇ ਬਕਬਾਦੁ ਲਾਇਓ॥		Kaane Rae Bakabaadh Laaeiou ||	Why do you speak such nonsense?	ਹੇ ਭਾਈ! (ਰੱਬ ਨੇੜੇ ਹੈ ਕਿ ਦੂਰ ਜਿਸ ਬਾਰੇ ਆਪਣੀ ਵਿਦਿਆ ਦਾ ਵਿਖਾਵਾ ਕਰਨ ਲਈ) ਕਿਉਂ ਵਿਅਰਥ ਬਹਿਸ ਕਰਦੇ ਹੋ?

30952	718	ਜਿਨਿ ਹਰਿ ਪਾਇਓ ਤਿਨਹਿ ਛਪਾਇਓ॥੧॥ਰਹਾਉ ॥		Jin Har Paaeiou Thinehi Shhapaaeiou ||1|| Rehaao ||	One who has found the Lord, keeps quiet about it. ||1||Pause||	ਜਿਸ ਮਨੁੱਖ ਨੇ ਰੱਬ ਨੂੰ ਲੱਭ ਲਿਆ ਹੈ ਉਸ ਨੇ (ਆਪਣੇ ਆਪ ਨੂੰ) ਲੁਕਾਇਆ ਹੈ (ਭਾਵ, ਉਹ ਇਹਨਾਂ ਬਹਿਸਾਂ ਦੀ ਰਾਹੀਂ ਆਪਣੀ ਵਿੱਦਿਆ ਦਾ ਢੰਢੋਰਾ ਨਹੀਂ ਦੇਂਦਾ ਫਿਰਦਾ) ॥੧॥ ਰਹਾਉ ॥
30953	718	ਪੰਡਿਤੁ ਹੋਇ ਕੈ ਬੇਦੁ ਬਖਾਨੈ॥		Panddith Hoe Kai Baedh Bakhaanai ||	Those who become Pandits, religious scholars, recite the Vedas,	ਵਿੱਦਿਆ ਹਾਸਲ ਕਰ ਕੇ (ਬ੍ਰਾਹਮਣ ਆਦਿਕ ਤਾਂ) ਵੇਦ (ਆਦਿਕ ਧਰਮ-ਪੁਸਤਕਾਂ) ਦੀ ਵਿਸਥਾਰ ਨਾਲ ਚਰਚਾ ਕਰਦਾ ਫਿਰਦਾ ਹੈ,
30954	718	ਮੂਰਖੁ ਨਾਮਦੇਉ ਰਾਮਹਿ ਜਾਨੈ॥੨॥੧॥		Moorakh Naamadhaeo Raamehi Jaanai ||2||1||	But foolish Naam Dayv knows only the Lord. ||2||1||	ਪਰ ਮੂਰਖ ਨਾਮਦੇਵ ਸਿਰਫ਼ ਪਰਮਾਤਮਾ ਨੂੰ ਹੀ ਪਛਾਣਦਾ ਹੈ (ਕੇਵਲ ਪਰਮਾਤਮਾ ਨਾਲ ਹੀ ਉਸ ਦੇ ਸਿਮਰਨ ਦੀ ਰਾਹੀਂ ਸਾਂਝ ਪਾਂਦਾ ਹੈ) ॥੨॥੧॥
30955	718	ਕਉਨ ਕੋ ਕਲੰਕੁ ਰਹਿਓ ਰਾਮ ਨਾਮੁ ਲੇਤ ਹੀ॥		Koun Ko Kalank Rehiou Raam Naam Laeth Hee ||	Whose blemishes remain, when one chants the Lord's Name?	ਪਰਮਾਤਮਾ ਦਾ ਨਾਮ ਸਿਮਰਿਆਂ ਕਿਸੇ ਜੀਵ ਦਾ (ਭੀ) ਕੋਈ ਪਾਪ ਨਹੀਂ ਰਹਿ ਜਾਂਦਾ;
30956	718	ਪਤਿਤ ਪਵਿਤ ਭਏ ਰਾਮੁ ਕਹਤ ਹੀ॥੧॥ਰਹਾਉ॥		Pathith Pavith Bheae Raam Kehath Hee ||1|| Rehaao ||	Sinners become pure, chanting the Lord's Name. ||1||Pause||	ਵਿਕਾਰਾਂ ਵਿੱਚ ਨਿੱਘਰੇ ਹੋਏ ਬੰਦੇ ਭੀ ਪ੍ਰਭੂ ਦਾ ਭਜਨ ਕਰ ਕੇ ਪਵਿੱਤਰ ਹੋ ਜਾਂਦੇ ਹਨ ॥੧॥ ਰਹਾਉ ॥

30957	718	ਰਾਮ ਸੰਗਿ ਨਾਮਦੇਵ ਜਨ ਕਉ ਪ੍ਰਤਗਿਆ ਆਈ॥	ਪ੍ਰਤੱਗਿਆ	Raam Sang Naamadhaev Jan Ko Prathagiaa Aaee ||	With the Lord, servant Naam Dayv has come to have faith.	ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਦਾਸ ਨਾਮਦੇਵ ਨੂੰ ਇਹ ਨਿਸ਼ਚਾ ਆ ਗਿਆ ਹੈ,
30958	718	ਏਕਾਦਸੀ ਬ੍ਰਤੁ ਰਹੈ ਕਾਹੇ ਕਉ ਤੀਰਥ ਜਾਈਂ॥੧॥	ਏਕਾ-ਦਸੀਬ੍ਰੱਤੁ	Eaekaadhasee Brath Rehai Kaahae Ko Theerathh Jaaeanaee ||1||	I have stopped fasting on the eleventh day of each month; why should I bother to go on pilgrimages to sacred shrines? ||1||	ਕਿ ਕਿਸੇ ਇਕਾਦਸ਼ੀ (ਆਦਿਕ) ਵਰਤ ਦੀ ਲੋੜ ਨਹੀਂ; ਤੇ ਮੈਂ ਤੀਰਥਾਂ ਉੱਤੇ (ਭੀ ਕਿਉਂ) ਜਾਵਾਂ? ॥੧॥
30959	718	ਭਨਤਿ ਨਾਮਦੇਉ ਸੁਕ੍ਰਿਤ ਸੁਮਤਿ ਭਏ॥	ਸੁ-ਕ੍ਰਿਤੁ ਸੁ-ਮੱਤਿ	Bhanath Naamadhaeo Sukirath Sumath Bheae ||	Prays Naam Dayv, I have become a man of good deeds and good thoughts.	ਨਾਮਦੇਵ ਆਖਦਾ ਹੈ-(ਨਾਮ ਦੀ ਬਰਕਤਿ ਨਾਲ ਜੀਵ) ਚੰਗੀ ਕਰਣੀ ਵਾਲੇ ਅਤੇ ਚੰਗੀ ਅਕਲ ਵਾਲੇ ਹੋ ਜਾਂਦੇ ਹਨ।
30960	718	ਗੁਰਮਤਿ ਰਾਮੁ ਕਹਿ ਕੋ ਕੋ ਨ ਬੈਕੁੰਠਿ ਗਏ॥੨॥੨॥		Guramath Raam Kehi Ko Ko N Baikunth Geae ||2||2||	Chanting the Lord's Name, under Guru's Instructions, who has not gone to heaven? ||2||2||	ਗੁਰੂ ਦੇ ਦੱਸੇ ਰਾਹ ਉੱਤੇ ਤੁਰ ਕੇ, ਪ੍ਰਭੂ ਦਾ ਨਾਮ ਸਿਮਰ ਕੇ ਸਭ ਜੀਵ ਪ੍ਰਭੂ ਦੇ ਦੇਸ ਵਿਚ ਅੱਪੜ ਜਾਂਦੇ ਹਨ ॥੨॥੨॥
30961	718	ਤੀਨਿ ਛੰਦੇ ਖੇਲੁ ਆਛੈ॥੧॥ਰਹਾਉ॥	(ਛੰਦੇ) ਭਾਗ। (ਆਛੈ) ਹੈ	Theen Shhandhae Khael Aashhai ||1|| Rehaao ||	Here is a verse with a three-fold play on words. ||1||Pause||	(ਪਰਮਾਤਮਾ ਦਾ ਰਚਿਆ ਹੋਇਆ ਇਹ ਜਗਤ) ਤ੍ਰਿ-ਗੁਣੀ ਸੁਭਾਉ ਦਾ ਤਮਾਸ਼ਾ ਹੈ ॥੧॥ ਰਹਾਉ ॥

30962	718	ਕੁੰਭਾਰ ਕੇ ਘਰ ਹਾਂਡੀ ਆਛੈ ਰਾਜਾ ਕੇ ਘਰ ਸਾਂਡੀ ਗੋ॥	(ਹਾਂਡੀ) ਤੌੜੀ। (ਸਾਂਡੀ) ਹਾਥੀ ਘੋੜੇ ਫ਼ੌਜਾਂ ਆਦਿ। (ਗੋ ਅੱਡ) ਹੈ	Kunbhaar Kae Ghar Haanddee Aashhai Raajaa Kae Ghar Saanddee Go ||	In the potter's home there are pots, and in the king's home there are camels.	(ਸਾਧਾਰਨ ਤੌਰ ਤੇ) ਘੁਮਿਆਰ ਦੇ ਘਰ ਹਾਂਡੀ (ਹੀ ਮਿਲਦੀ) ਹੈ, ਰਾਜੇ ਦੇ ਘਰ ਸਾਂਢੀ (ਆਦਿਕ ਹੀ) ਹੈ;
30963	718	ਬਾਮਨ ਕੇ ਘਰ ਰਾਂਡੀ ਆਛੈ ਰਾਂਡੀ ਸਾਂਡੀ ਹਾਂਡੀ ਗੋ॥੧॥		Baaman Kae Ghar Raanddee Aashhai Raanddee Saanddee Haanddee Go ||1||	In the Brahmin's home there are widows. So here they are: haandee, saandee, raandee. ||1||	ਤੇ ਬ੍ਰਾਹਮਣ ਦੇ ਘਰ (ਸਗਨ ਮਹੂਰਤ ਆਦਿਕ ਵਿਚਾਰਨ ਲਈ) ਪੱਤ੍ਰੀ (ਆਦਿਕ ਪੁਸਤਕ ਹੀ ਮਿਲਦੀ) ਹੈ। (ਇਹਨਾਂ ਘਰਾਂ ਵਿਚ) ਪੱਤ੍ਰੀ, ਸਾਂਢਨੀ, ਭਾਂਡੇ (ਹਾਂਡੀ) ਹੀ (ਪ੍ਰਧਾਨ ਹਨ) ॥੧॥
30964	718	ਬਾਣੀਏ ਕੇ ਘਰ ਹੀਂਗੁ ਆਛੈ ਭੈਸਰ ਮਾਥੈ ਸੀਂਗੁ ਗੋ॥	(ਹੀਂਗੁ) ਹਿੰਗ	Baaneeeae Kae Ghar Heenag Aashhai Bhaisar Maathhai Seenag Go ||	In the home of the grocer there is asafoetida; on the forehead of the buffalo there are horns.	ਹਟਵਾਣੀਏ ਦੇ ਘਰ (ਭਾਵ, ਹੱਟੀ ਵਿੱਚ) ਹਿੰਙ (ਆਦਿਕ ਹੀ ਮਿਲਦੀ) ਹੈ, ਭੈਂਸੇ ਦੇ ਮੱਥੇ ਉੱਤੇ (ਉਸ ਦੇ ਸੁਭਾਉ ਅਨੁਸਾਰ) ਸਿੰਗ (ਹੀ) ਹਨ,
30965	718	ਦੇਵਲ ਮਧੇ ਲੀਗੁ ਆਛੈ ਲੀਗੁ ਸੀਗੁ ਹੀਗੁ ਗੋ॥੨॥	(ਦੇਵਲ) ਸ਼ਿਵ ਦੁਆਲਾ। ਮਧੇ:ਪੋਲਾ ਬੋਲੋ। (ਲੀਗੁ) ਲਿੰਗ।	Dhaeval Madhhae Leeg Aashhai Leeg Seeg Heeg Go ||2||	In the temple of Shiva there are lingams. So here they are: heeng, seeng, leeng. ||2||	ਅਤੇ ਦੇਵਾਲੇ (ਦੇਵ-ਅਸਥਾਨ) ਵਿੱਚ ਲਿੰਗ (ਹੀ ਗੱਡਿਆ ਹੋਇਆ ਦਿੱਸਦਾ) ਹੈ। (ਇਹਨੀਂ ਥਾਈਂ) ਹਿੰਙ, ਸਿੰਗ ਅਤੇ ਲਿੰਗ ਹੀ (ਪ੍ਰਧਾਨ ਹਨ) ॥੨॥
30966	718	ਤੇਲੀ ਕੈ ਘਰ ਤੇਲੁ ਆਛੈ ਜੰਗਲ ਮਧੇ ਬੇਲ ਗੋ॥		Thaelee Kai Ghar Thael Aashhai Jangal Madhhae Bael Go ||	In the house of the oil-presser there is oil; in the forest there are vines.	(ਜੇ) ਤੇਲੀ ਦੇ ਘਰ (ਜਾਉ, ਤਾਂ ਉਥੇ ਅੰਦਰ ਬਾਹਰ) ਤੇਲ (ਹੀ ਤੇਲ ਪਿਆ) ਹੈ, ਜੰਗਲਾਂ ਵਿੱਚ ਵੇਲਾਂ (ਹੀ ਵੇਲਾਂ) ਹਨ,

30967	718	ਮਾਲੀ ਕੇ ਘਰ ਕੇਲ ਆਛੈ ਕੇਲ ਬੇਲ ਤੇਲ ਗੋ॥੩॥		Maalee Kae Ghar Kael Aashhai Kael Bael Thael Go ||3||	In the gardener's home there are bananas. So here they are: tayl, bayl, kayl. ||3||	ਅਤੇ ਮਾਲੀ ਦੇ ਘਰ ਕੇਲਾ (ਹੀ ਲੱਗਾ ਮਿਲਦਾ) ਹੈ। ਇਹਨੀਂ ਥਾਈਂ ਤੇਲ, ਵੇਲਾਂ ਤੇ ਕੇਲਾ ਹੀ (ਪ੍ਰਧਾਨ ਹਨ) ॥੩॥
30968	718	ਸੰਤਾਂ ਮਧੇ ਗੋਬਿੰਦੁ ਆਛੈ ਗੋਕਲ ਮਧੇ ਸਿਆਮ ਗੋ॥		Santhaan Madhhae Gobindh Aashhai Gokal Madhhae Siaam Go ||	The Lord of the Universe, Govind, is within His Saints; Krishna, Shyaam, is in Gokal.	(ਇਸ ਜਗਤ-ਖੇਲ ਦਾ ਰਚਨਹਾਰ ਕਿੱਥੇ ਹੋਇਆ?) (ਜਿਵੇਂ) ਗੋਕਲ ਵਿੱਚ ਕ੍ਰਿਸ਼ਨ ਜੀ (ਦੀ ਹੀ ਗੱਲ ਚੱਲ ਰਹੀ) ਹੈ, (ਤਿਵੇਂ ਇਸ ਖੇਲ ਦਾ ਮਾਲਕ) ਗੋਬਿੰਦ ਸੰਤਾਂ ਦੇ ਹਿਰਦੇ ਵਿੱਚ ਵੱਸ ਰਿਹਾ ਹੈ।
30969	718	ਨਾਮੇ ਮਧੇ ਰਾਮੁ ਆਛੈ ਰਾਮ ਸਿਆਮ ਗੋਬਿੰਦ ਗੋ॥੪॥੩॥		Naamae Madhhae Raam Aashhai Raam Siaam Gobindh Go ||4||3||	The Lord, Raam, is in Naam Dayv. So here they are: Raam, Shyaam, Govind. ||4||3||	(ਉਹੀ) ਰਾਮ ਨਾਮਦੇਵ ਦੇ (ਭੀ) ਅੰਦਰ (ਪ੍ਰਤੱਖ ਵੱਸ ਰਿਹਾ) ਹੈ। (ਜਿਹਨੀਂ ਥਾਈਂ, ਭਾਵ, ਸੰਤਾਂ ਦੇ ਹਿਰਦੇ ਵਿੱਚ, ਗੋਕਲ ਵਿੱਚ ਅਤੇ ਨਾਮਦੇਵ ਦੇ ਅੰਦਰ) ਗੋਬਿੰਦ ਸ਼ਿਆਮ ਅਤੇ ਰਾਮ ਹੀ (ਗੱਜ ਰਿਹਾ) ਹੈ ॥੪॥੩॥
30970	719	ਰਾਗੁ ਬੈਰਾੜੀ ਮਹਲਾ ੪ ਘਰੁ ੧ ਦੁਪਦੇ		Raag Bairaarree Mehalaa 4 Ghar 1 Dhupadhae	Raag Bairaaree, Fourth Mehl, First House, Du-Padas:	ਰਾਗ ਬੈਰਾੜੀ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਦੋ-ਬੰਦਾਂ ਵਾਲੀ ਬਾਣੀ।
30971	719	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

30972	719	ਸੁਨਿ ਮਨ ਅਕਥ ਕਥਾ ਹਰਿ ਨਾਮ॥	ਅ-ਕਥ,ਕਥਾ:ਪੋਲਾ ਬੋਲੋ	Sun Man Akathh Kathhaa Har Naam ||	Listen, O mind, to the Unspoken Speech of the Lord's Name.	ਹੇ (ਮੇਰੇ) ਮਨ! ਉਸ ਪਰਮਾਤਮਾ ਦਾ ਨਾਮ ਤੇ ਸਿਫ਼ਤਿ-ਸਾਲਾਹ ਸੁਣਿਆ ਕਰ ਜਿਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ।
30973	719	ਰਿਧਿ ਬੁਧਿ ਸਿਧਿ ਸੁਖ ਪਾਵਹਿ ਭਜੁ ਗੁਰਮਤਿ ਹਰਿ ਰਾਮ ਰਾਮ॥੧॥ਰਹਾਉ॥		Ridhh Budhh Sidhh Sukh Paavehi Bhaj Guramath Har Raam Raam ||1|| Rehaao ||	Riches, wisdom, supernatural spiritual powers and peace are obtained, by vibrating, meditating on the Lord God, under Guru's Instruction. ||1||Pause||	ਹੇ ਮਨ! ਗੁਰੂ ਦੀ ਮਤਿ ਉਤੇ ਤੁਰ ਕੇ ਪਰਮਾਤਮਾ ਦਾ ਭਜਨ ਕਰਿਆ ਕਰ। ਤੂੰ ਧਨ-ਪਦਾਰਥ, ਉੱਚੀ ਅਕਲ, ਕਰਾਮਾਤੀ ਤਾਕਤਾਂ, ਸਾਰੇ ਸੁਖ (ਹਰਿ-ਨਾਮ ਵਿਚ ਹੀ) ਪ੍ਰਾਪਤ ਕਰ ਲਏਂਗਾ ॥੧॥ ਰਹਾਉ ॥
30974	719	ਨਾਨਾ ਖਿਆਨ ਪੁਰਾਨ ਜਸੁ ਊਤਮ ਖਟ ਦਰਸਨ ਗਾਵਹਿ ਰਾਮ॥	(ਖਿਆਨ) ਪ੍ਰਸੰਗ। (ਖਟ) ਛੇ (ਦਰਸਨ) ਸ਼ਾਸਤ੍ਰ	Naanaa Khiaan Puraan Jas Ootham Khatt Dharasan Gaavehi Raam ||	Numerous legends, the Puraanas, and the six Shaastras, sing the sublime Praises of the Lord.	ਹੇ ਮਨ! (ਉਸ ਅਕਥ ਪਰਮਾਤਮਾ ਦਾ ਸਿਮਰਨ ਕਰਿਆ ਕਰ ਜਿਸ ਦਾ) ਉੱਤਮ ਜਸ (ਮਹਾ ਭਾਰਤ ਆਦਿਕ) ਅਨੇਕਾਂ ਪ੍ਰਸੰਗ, ਪੁਰਾਣ ਅਤੇ ਛੇ ਸ਼ਾਸਤਰ ਗਾਂਦੇ ਹਨ (ਪਰ ਉਸ ਦਾ ਅੰਤ ਨਹੀਂ ਪਾ ਸਕੇ)।
30975	719	ਸੰਕਰ ਕ੍ਰੋੜਿ ਤੇਤੀਸ ਧਿਆਇਓ ਨਹੀ ਜਾਨਿਓ ਹਰਿ ਮਰਮਾਮ॥੧॥	(ਸੰਕਰ) ਸ਼ਿਵਜੀ। (ਮਰਮਾਮ)ਭੇਤ	Sankar Krorr Thaethees Dhhiaaeiou Nehee Jaaniou Har Maramaam ||1||	Shiva and the three hundred thirty million gods meditate on the Lord, but they do not know the secret of His mystery. ||1||	ਸ਼ਿਵ ਜੀ ਅਤੇ ਤੇਤੀ ਕ੍ਰੋੜ ਦੇਵਤਿਆਂ ਨੇ ਭੀ ਉਸ ਦਾ ਧਿਆਨ ਧਰਿਆ, ਪਰ ਉਸ ਹਰੀ ਦਾ ਭੇਤ ਨਹੀਂ ਪਾਇਆ ॥੧॥

30976	719	ਸੁਰਿ ਨਰ ਗਣ ਗੰਧ੍ਰਬ ਜਸੁ ਗਾਵਹਿ ਸਭ ਗਾਵਤ ਜੇਤ ਉਪਾਮ॥	(ਉਪਾਮ)ਪੈਦਾ ਕੀਤੇ ਹਨ। ਗੰ-ਧ੍ਰਬ	Sur Nar Gan Gandhhrab Jas Gaavehi Sabh Gaavath Jaeth Oupaam ||	The angelic and divine beings, and the celestial singers sing His Praises; all Creation sings of Him.	(ਹੇ ਮਨ! ਉਸ ਪਰਮਾਤਮਾ ਦੀ ਕਥਾ ਸੁਣਿਆ ਕਰ ਜਿਸ ਦਾ) ਜਸ ਦੇਵਤੇ ਮਨੁੱਖ ਗਣ ਗੰਧਰਬ ਗਾਂਦੇ ਆ ਰਹੇ ਹਨ, ਜਿਤਨੀ ਭੀ ਪੈਦਾ ਕੀਤੀ ਹੋਈ ਸ੍ਰਿਸ਼ਟੀ ਹੈ ਸਾਰੀ ਜਿਸ ਦੇ ਗੁਣ ਗਾਂਦੀ ਹੈ।
30977	719	ਨਾਨਕ ਕ੍ਰਿਪਾ ਕਰੀ ਹਰਿ ਜਿਨ ਕਉ ਤੇ ਸੰਤ ਭਲੇ ਹਰਿ ਰਾਮ॥੨॥੧॥		Naanak Kirapaa Karee Har Jin Ko Thae Santh Bhalae Har Raam ||2||1||	O Nanak, those whom the Lord blesses with His Kind Mercy, become the good Saints of the Lord God. ||2||1||	ਹੇ ਨਾਨਕ! (ਆਖ-ਹੇ ਮਨ!) ਪਰਮਾਤਮਾ ਜਿਨ੍ਹਾਂ ਮਨੁੱਖਾਂ ਉਤੇ ਕਿਰਪਾ ਕਰਦਾ ਹੈ, ਉਹ ਮਨੁੱਖ ਉੱਚੇ ਜੀਵਨ ਵਾਲੇ ਸੰਤ ਬਣ ਜਾਂਦੇ ਹਨ ਉੱਥੇ ਉਸ ਦਾ ਭੇਤ ਕੋਈ ਨਹੀਂ ਪਾ ਸਕਦਾ) ॥੨॥੧॥
30978	719	ਬੈਰਾੜੀ ਮਹਲਾ ੪॥		Bairaarree Mehalaa 4 ||	Bairaaree, Fourth Mehl:	
30979	719	ਮਨ ਮਿਲਿ ਸੰਤ ਜਨਾ ਜਸੁ ਗਾਇਓ॥		Man Mil Santh Janaa Jas Gaaeiou ||	O mind, those who meet the Lord's humble servants, sing His Praises.	ਹੇ ਮਨ! ਉਸ ਮਨੁੱਖ ਨੇ ਸੰਤ ਜਨਾਂ ਨਾਲ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਸ਼ੁਰੂ ਕਰ ਦਿੱਤੀ,

30980	719	ਹਰਿ ਹਰਿ ਰਤਨੁ ਰਤਨੁ ਹਰਿ ਨੀਕੋ ਗੁਰਿ ਸਤਿਗੁਰਿ ਦਾਨੁ ਦਿਵਾਇਓ॥੧॥ਰਹਾਉ॥	(ਨੀਕੋ) ਉੱਤਮ	Har Har Rathan Rathan Har Neeko Gur Sathigur Dhaan Dhivaaeiou ||1|| Rehaao ||	They are blessed with the gift of the jewel of the Lord, Har, Har, the sublime jewel of the Lord, by the Guru, the True Guru. ||1||Pause||	ਗੁਰੂ ਨੇ ਸਤਿਗੁਰੂ ਨੇ (ਜਿਸ ਮਨੁੱਖ ਨੂੰ ਪਰਮਾਤਮਾ ਪਾਸੋਂ) ਪਰਮਾਤਮਾ ਦਾ ਰਤਨ ਨਾਮ ਕੀਮਤੀ ਨਾਮ ਬਖ਼ਸ਼ਸ਼ ਵਜੋਂ ਦਿਵਾ ਦਿੱਤਾ ॥੧॥ ਰਹਾਉ ॥
30981	719	ਤਿਸੁ ਜਨ ਕਉ ਮਨੁ ਤਨੁ ਸਭੁ ਦੇਵਉ ਜਿਨਿ ਹਰਿ ਹਰਿ ਨਾਮੁ ਸੁਨਾਇਓ॥		This Jan Ko Man Than Sabh Dhaevo Jin Har Har Naam Sunaaeiou ||	I offer my mind, body and everything to that humble being who recites the Name of the Lord, Har, Har.	ਹੇ ਮਨ! ਮੈਂ ਉਸ ਮਨੁੱਖ ਨੂੰ ਆਪਣਾ ਮਨ ਤਨ ਸਭ ਕੁਝ ਭੇਟਾ ਕਰਦਾ ਹਾਂ, ਜਿਸ ਨੇ (ਮੈਨੂੰ) ਪਰਮਾਤਮਾ ਦਾ ਨਾਮ ਸੁਣਾਇਆ ਹੈ,
30982	719	ਧਨੁ ਮਾਇਆ ਸੰਪੈ ਤਿਸੁ ਦੇਵਉ ਜਿਨਿ ਹਰਿ ਮੀਤੁ ਮਿਲਾਇਓ॥੧॥		Dhhan Maaeiaa Sanpai This Dhaevo Jin Har Meeth Milaaeiou ||1||	I offer my wealth, the riches of Maya and my property to that one who leads me to meet the Lord, my friend. ||1||	ਧਨ-ਪਦਾਰਥ ਮਾਇਆ ਉਸ ਦੇ ਹਵਾਲੇ ਕਰਦਾ ਹਾਂ, ਜਿਸ ਨੇ (ਮੈਨੂੰ) ਮਿੱਤਰ ਪ੍ਰਭੂ ਮਿਲਾਇਆ ਹੈ ॥੧॥

30983	719	ਖਿਨੁ ਕਿੰਚਿਤ ਕ੍ਰਿਪਾ ਕਰੀ ਜਗਦੀਸਰਿ ਤਬ ਹਰਿ ਹਰਿ ਹਰਿ ਜਸੁ ਧਿਆਇਓ॥	(ਕਿੰਚਿਤ) ਥੋੜੇ ਮਾਤ੍ਰ	Khin Kinchith Kirapaa Karee Jagadheesar Thab Har Har Har Jas Dhhiaaeiou ||	When the Lord of the world bestowed just a tiny bit of His Mercy, for just an instant, then I meditated on the Praise of the Lord, Har, Har, Har.	ਹੇ ਮਨ! ਜਗਤ ਦੇ ਮਾਲਕ-ਪ੍ਰਭੂ ਨੇ ਜਦੋਂ (ਕਿਸੇ ਸੇਵਕ ਉਤੇ) ਇਕ ਪਲ ਭਰ ਲਈ ਥੋੜੀ ਜਿਤਨੀ ਭੀ ਮੇਹਰ ਕਰ ਦਿੱਤੀ, ਉਸ ਨੇ ਤਦੋਂ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਸ਼ੁਰੂ ਕਰ ਦਿੱਤੀ।
30984	719	ਜਨ ਨਾਨਕ ਕਉ ਹਰਿ ਭੇਟੇ ਸੁਆਮੀ ਦੁਖੁ ਹਉਮੈ ਰੋਗੁ ਗਵਾਇਓ॥੨॥੨॥		Jan Naanak Ko Har Bhaettae Suaamee Dhukh Houmai Rog Gavaaeiou ||2||2||	The Lord and Master has met servant Nanak, and the pain of the sickness of egotism has been eliminated. ||2||2||	ਹੇ ਨਾਨਕ! ਜਿਸ ਮਨੁੱਖ ਨੂੰ ਮਾਲਕ-ਪ੍ਰਭੂ ਜੀ ਮਿਲ ਪਏ, ਉਸ ਦਾ ਹਰੇਕ ਦੁੱਖ (ਤੇ) ਹਉਮੈ ਦਾ ਰੋਗ ਦੂਰ ਹੋ ਗਿਆ ॥੨॥੨॥
30985	719	ਬੈਰਾੜੀ ਮਹਲਾ ੪॥		Bairaarree Mehalaa 4 ||	Bairaaree, Fourth Mehl:	
30986	719	ਹਰਿ ਜਨੁ ਰਾਮ ਨਾਮ ਗੁਨ ਗਾਵੈ॥		Har Jan Raam Naam Gun Gaavai ||	The Lord's humble servant sings the Glorious Praises of the Lord's Name.	ਹੇ ਭਾਈ! ਪਰਮਾਤਮਾ ਦਾ ਭਗਤ ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ।

30987	719	ਜੇ ਕੋਈ ਨਿੰਦ ਕਰੇ ਹਰਿ ਜਨ ਕੀ ਅਪੁਨਾ ਗੁਨੁ ਨ ਗਵਾਵੈ॥੧॥ਰਹਾਉ॥	(ਗੁਨੁ)ਗੁਰਮੁਖਿ ਪਰਉਪਕਾਰੀ ਸੁਭਾਅ	Jae Koee Nindh Karae Har Jan Kee Apunaa Gun N Gavaavai ||1|| Rehaao ||	Even if someone slanders the Lord's humble servant, he does not give up his own goodness. ||1||Pause||	ਜੇ ਕੋਈ ਮਨੁੱਖ ਉਸ ਭਗਤ ਦੀ ਨਿੰਦਾ (ਭੀ) ਕਰਦਾ ਹੈ ਤਾਂ ਉਹ ਭਗਤ ਆਪਣਾ ਸੁਭਾਉ ਨਹੀਂ ਤਿਆਗਦਾ ॥੧॥ ਰਹਾਉ ॥
30988	719	ਜੋ ਕਿਛੁ ਕਰੇ ਸੁ ਆਪੇ ਸੁਆਮੀ ਹਰਿ ਆਪੇ ਕਾਰ ਕਮਾਵੈ॥		Jo Kishh Karae S Aapae Suaamee Har Aapae Kaar Kamaavai ||	Whatever the Lord and Master does, He does by Himself; the Lord Himself does the deeds.	ਹੇ ਭਾਈ! (ਭਗਤ ਆਪਣੀ ਨਿੰਦਾ ਸੁਣ ਕੇ ਭੀ ਆਪਣਾ ਸੁਭਾਉ ਨਹੀਂ ਛੱਡਦਾ, ਕਿਉਂਕਿ ਉਹ ਜਾਣਦਾ ਹੈ ਕਿ) ਜੋ ਕੁਝ ਕਰ ਰਿਹਾ ਹੈ ਮਾਲਕ-ਪ੍ਰਭੂ ਆਪ ਹੀ (ਜੀਵਾਂ ਵਿਚ ਬੈਠ ਕੇ) ਕਰ ਰਿਹਾ ਹੈ, ਉਹ ਆਪ ਹੀ ਹਰੇਕ ਕਾਰ ਕਰ ਰਿਹਾ ਹੈ।
30989	719	ਹਰਿ ਆਪੇ ਹੀ ਮਤਿ ਦੇਵੈ ਸੁਆਮੀ ਹਰਿ ਆਪੇ ਬੋਲਿ ਬੁਲਾਵੈ॥੧॥		Har Aapae Hee Math Dhaevai Suaamee Har Aapae Bol Bulaavai ||1||	The Lord and Master Himself imparts understanding; the Lord Himself inspires us to speak. ||1||	ਮਾਲਕ-ਪ੍ਰਭੂ ਆਪ ਹੀ (ਹਰੇਕ ਜੀਵ ਨੂੰ) ਮਤਿ ਦੇਂਦਾ ਹੈ, ਆਪ ਹੀ (ਹਰੇਕ ਵਿਚ ਬੈਠਾ) ਬੋਲ ਰਿਹਾ ਹੈ, ਆਪ ਹੀ (ਹਰੇਕ ਜੀਵ ਨੂੰ) ਬੋਲਣ ਦੀ ਪ੍ਰੇਰਨਾ ਕਰ ਰਿਹਾ ਹੈ ॥੧॥

30990	720	ਹਰਿ ਆਪੇ ਪੰਚ ਤਤੁ ਬਿਸਥਾਰਾ ਵਿਚਿ ਧਾਤੂ ਪੰਚ ਆਪਿ ਪਾਵੈ॥		Har Aapae Panch Thath Bisathhaaraa Vich Dhhaathoo Panch Aap Paavai ||	The Lord Himself directs the evolution of the world of the five elements; He Himself infuses the five senses into it.	ਹੇ ਭਾਈ! (ਭਗਤ ਜਾਣਦਾ ਹੈ ਕਿ) ਪਰਮਾਤਮਾ ਨੇ ਆਪ ਹੀ (ਆਪਣੇ ਆਪ ਤੋਂ) ਪੰਜ ਤੱਤਾਂ ਦਾ ਜਗਤ-ਖਿਲਾਰਾ ਖਿਲਾਰਿਆ ਹੋਇਆ ਹੈ, ਆਪ ਹੀ ਇਹਨਾਂ ਤੱਤਾਂ ਵਿਚ ਪੰਜ ਵਿਸ਼ੇ ਭਰੇ ਹੋਏ ਹਨ।
30991	720	ਜਨ ਨਾਨਕ ਸਤਿਗੁਰੁ ਮੇਲੇ ਆਪੇ ਹਰਿ ਆਪੇ ਝਗਰੁ ਚੁਕਾਵੈ॥੨॥੩॥		Jan Naanak Sathigur Maelae Aapae Har Aapae Jhagar Chukaavai ||2||3||	O servant Nanak, the Lord Himself unites us with the True Guru; He Himself resolves the conflicts. ||2||3||	ਹੇ ਨਾਨਕ! (ਆਖ-ਹੇ ਭਾਈ) ਪਰਮਾਤਮਾ ਆਪ ਹੀ ਆਪਣੇ ਸੇਵਕ ਨੂੰ ਮਿਲਾਂਦਾ ਹੈ, ਤੇ, ਆਪ ਹੀ (ਉਸ ਦੇ ਅੰਦਰੋਂ ਹਰੇਕ ਕਿਸਮ ਦੀ) ਖਿੱਚੋਤਾਣ ਮੁਕਾਂਦਾ ਹੈ ॥੨॥੩॥
30992	720	ਬੈਰਾੜੀ ਮਹਲਾ ੪॥		Bairaarree Mehalaa 4 ||	Bairaaree, Fourth Mehl:	
30993	720	ਜਪਿ ਮਨ ਰਾਮ ਨਾਮੁ ਨਿਸਤਾਰਾ॥		Jap Man Raam Naam Nisathaaraa ||	Chant the Name of the Lord, O mind, and you shall be emancipated.	ਹੇ (ਮੇਰੇ) ਮਨ! ਪਰਮਾਤਮਾ ਦਾ ਨਾਮ ਜਪਿਆ ਕਰ, (ਇਹ ਨਾਮ ਸੰਸਾਰ-ਸਮੁੰਦਰ ਤੋਂ) ਪਾਰ-ਉਤਾਰਾ ਕਰ ਦੇਂਦਾ ਹੈ।

30994	720	ਕੋਟ ਕੋਟੰਤਰ ਕੇ ਪਾਪ ਸਭਿ ਖੋਵੈ ਹਰਿ ਭਵਜਲੁ ਪਾਰਿ ਉਤਾਰਾ॥੧॥ਰਹਾਉ॥		Kott Kottanthar Kae Paap Sabh Khovai Har Bhavajal Paar Outhaaraa ||1|| Rehaao ||	The Lord shall destroy all the sins of millions upon millions of incarnations, and carry you across the terrifying world-ocean. ||1||Pause||	(ਪਰਮਾਤਮਾ ਦਾ ਨਾਮ) ਅਨੇਕਾਂ ਜੂਨਾਂ ਦੇ (ਕੀਤੇ ਸਾਰੇ ਪਾਪ ਨਾਸ ਕਰ ਦੇਂਦਾ ਹੈ, ਪਰਮਾਤਮਾ (ਸਿਮਰਨ ਕਰਨ ਵਾਲੇ ਜੀਵ ਨੂੰ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ ॥੧॥ ਰਹਾਉ ॥
30995	720	ਕਾਇਆ ਨਗਰਿ ਬਸਤ ਹਰਿ ਸੁਆਮੀ ਹਰਿ ਨਿਰਭਉ ਨਿਰਵੈਰੁ ਨਿਰੰਕਾਰਾ॥		Kaaeiaa Nagar Basath Har Suaamee Har Nirabho Niravair Nirankaaraa ||	In the body-village, the Lord Master abides; the Lord is without fear, without vengeance, and without form.	(ਹੇ ਭਾਈ!) ਮਾਲਕ-ਪ੍ਰਭੂ (ਸਾਡੇ) ਸਰੀਰ-ਸ਼ਹਰ ਵਿਚ ਵੱਸਦਾ ਹੈ, (ਫਿਰ ਭੀ) ਉਸ ਨੂੰ ਕੋਈ ਡਰ ਨਹੀਂ ਪੋਹਦਾ, ਉਸ ਨੂੰ ਕਿਸੇ ਨਾਲ ਵੈਰ ਨਹੀਂ, ਉਸ ਦਾ ਕੋਈ ਖ਼ਾਸ ਆਕਾਰ ਨਹੀਂ।
30996	720	ਹਰਿ ਨਿਕਟਿ ਬਸਤ ਕਛੁ ਨਦਰਿ ਨ ਆਵੈ ਹਰਿ ਲਾਧਾ ਗੁਰ ਵੀਚਾਰਾ॥੧॥		Har Nikatt Basath Kashh Nadhar N Aavai Har Laadhhaa Gur Veechaaraa ||1||	The Lord is dwelling near at hand, but He cannot be seen. By the Guru's Teachings, the Lord is obtained. ||1||	ਪਰਮਾਤਮਾ (ਸਦਾ ਸਾਡੇ) ਨੇੜੇ ਵੱਸਦਾ ਹੈ, (ਪਰ ਸਾਨੂੰ) ਦਿੱਸਦਾ ਨਹੀਂ (ਹਾਂ,) ਗੁਰੂ ਦੀ ਬਖ਼ਸ਼ੀ ਸੂਝ ਨਾਲ ਉਹ ਹਰੀ ਲੱਭ ਪੈਂਦਾ ਹੈ ॥੧॥

30997	720	ਹਰਿ ਆਪੇ ਸਾਹੁ ਸਰਾਫੁ ਰਤਨੁ ਹੀਰਾ ਹਰਿ ਆਪਿ ਕੀਆ ਪਾਸਾਰਾ॥		Har Aapae Saahu Saraaf Rathan Heeraa Har Aap Keeaa Paasaaraa ||	The Lord Himself is the banker, the jeweller, the jewel, the gem; the Lord Himself created the entire expanse of the creation.	(ਗੁਰੂ ਦੀ ਬਖ਼ਸ਼ੀ ਮਤਿ ਨਾਲ ਇਹ ਸਮਝ ਆ ਜਾਂਦੀ ਹੈ ਕਿ) ਪਰਮਾਤਮਾ ਆਪ ਹੀ ਹੀਰਾ ਹੈ ਆਪ ਹੀ ਰਤਨ ਹੈ, ਆਪ ਹੀ (ਇਸ ਨੂੰ ਵਿਹਾਝਣ ਵਾਲਾ) ਸ਼ਾਹ ਹੈ ਸਰਾਫ਼ ਹੈ, ਉਸ ਨੇ ਆਪ ਹੀ ਇਹ ਜਗਤ ਦਾ ਖਿਲਾਰਾ ਰਚਿਆ ਹੋਇਆ ਹੈ।
30998	720	ਨਾਨਕ ਜਿਸੁ ਕ੍ਰਿਪਾ ਕਰੇ ਸੁ ਹਰਿ ਨਾਮੁ ਵਿਹਾਝੇ ਸੋ ਸਾਹੁ ਸਚਾ ਵਣਜਾਰਾ॥੨॥੪॥	(ਵਿਹਾਝੇ) ਖ਼੍ਰੀਦੇ	Naanak Jis Kirapaa Karae S Har Naam Vihaajhae So Saahu Sachaa Vanajaaraa ||2||4||	O Nanak, one who is blessed by the Lord's Kind Mercy, trades in the Lord's Name; He alone is the true banker, the true trader. ||2||4||	ਹੇ ਨਾਨਕ! ਜਿਸ ਮਨੁੱਖ ਉਤੇ ਪਰਮਾਤਮਾ ਕਿਰਪਾ ਕਰਦਾ ਹੈ, ਉਹ ਮਨੁੱਖ ਉਸ ਦਾ ਨਾਮ ਵਿਹਾਝਦਾ ਹੈ, ਉਹ ਮਨੁੱਖ (ਨਾਮ-ਰਤਨ ਦਾ) ਸਾਹੂਕਾਰ ਬਣ ਜਾਂਦਾ ਹੈ, ਉਹ ਸਦਾ ਲਈ (ਇਸ ਨਾਮ-ਰਤਨ ਦਾ) ਵਣਜ ਕਰਦਾ ਰਹਿੰਦਾ ਹੈ ॥੨॥੪॥
30999	720	ਬੈਰਾੜੀ ਮਹਲਾ ੪॥		Bairaarree Mehalaa 4 ||	Bairaaree, Fourth Mehl:	
31000	720	ਜਪਿ ਮਨ ਹਰਿ ਨਿਰੰਜਨੁ ਨਿਰੰਕਾਰਾ॥		Jap Man Har Niranjan Nirankaaraa ||	Meditate, O mind, on the immaculate, formless Lord.	ਹੇ (ਮੇਰੇ) ਮਨ! ਉਸ ਪਰਮਾਤਮਾ ਦਾ ਨਾਮ ਜਪਿਆ ਕਰ, ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ, ਜਿਸ ਦਾ ਕੋਈ ਖ਼ਾਸ ਸਰੂਪ ਨਹੀਂ ਦੱਸਿਆ ਜਾ ਸਕਦਾ।

31001	720	ਸਦਾ ਸਦਾ ਹਰਿ ਧਿਆਈਐ ਸੁਖਦਾਤਾ ਜਾ ਕਾ ਅੰਤੁ ਨ ਪਾਰਾਵਾਰਾ॥੧॥ਰਹਾਉ॥		Sadhaa Sadhaa Har Dhhiaaeeai Sukhadhaathaa Jaa Kaa Anth N Paaraavaaraa ||1|| Rehaao ||	Forever and ever, meditate on the Lord, the Giver of peace; He has no end or limitation. ||1||Pause||	ਹੇ ਮਨ! ਜਿਸ (ਪ੍ਰਭੂ ਦੇ ਗੁਣਾਂ) ਦਾ ਅੰਤ ਨਹੀਂ ਪੈ ਸਕਦਾ, ਜਿਸ (ਦੇ ਸਰੂਪ ਦਾ) ਹੱਦ-ਬੰਨਾ ਨਹੀਂ ਲੱਭਦਾ, ਉਸ ਸੁਖਾਂ ਦੇ ਦੇਣ ਵਾਲੇ ਨੂੰ ਸਦਾ ਹੀ ਸਿਮਰਨਾ ਚਾਹੀਦਾ ਹੈ ॥੧॥ ਰਹਾਉ ॥
31002	720	ਅਗਨਿ ਕੁੰਟ ਮਹਿ ਉਰਧ ਲਿਵ ਲਾਗਾ ਹਰਿ ਰਾਖੈ ਉਦਰ ਮੰਝਾਰਾ॥	(ਉਰਧ) ਉਲਟਾ। (ਮੰਝਾਰਾ) ਵਿੱਚ	Agan Kuntt Mehi Ouradhh Liv Laagaa Har Raakhai Oudhar Manjhaaraa ||	In the fiery pit of the womb, when you were hanging upside-down, the Lord absorbed You in His Love, and preserved You.	ਹੇ ਮਨ! ਜਦੋਂ ਜੀਵ (ਮਾਂ ਦੇ ਪੇਟ ਦੀ) ਅੱਗ ਦੇ ਕੁੰਡ ਵਿਚ ਪੁੱਠਾ ਲਟਕਿਆ ਹੋਇਆ (ਉਸ ਦੇ ਚਰਨਾਂ ਵਿਚ) ਸੁਰਤ ਜੋੜੀ ਰੱਖਦਾ ਹੈ (ਤਦੋਂ) ਪਰਮਾਤਮਾ (ਮਾਂ ਦੇ) ਪੇਟ ਵਿਚ ਉਸ ਦੀ ਰੱਖਿਆ ਕਰਦਾ ਹੈ।
31003	720	ਸੋ ਐਸਾ ਹਰਿ ਸੇਵਹੁ ਮੇਰੇ ਮਨ ਹਰਿ ਅੰਤਿ ਛਡਾਵਣਹਾਰਾ॥੧॥		So Aisaa Har Saevahu Maerae Man Har Anth Shhaddaavanehaaraa ||1||	So serve such a Lord, O my mind; the Lord shall deliver you in the end. ||1||	ਹੇ ਮੇਰੇ ਮਨ! ਇਹੋ ਜਿਹੀ ਸਮਰਥਾ ਵਾਲੇ ਪ੍ਰਭੂ ਦੀ ਸਦਾ ਸੇਵਾ-ਭਗਤੀ ਕਰਿਆ ਕਰ, ਅਖ਼ੀਰ ਵੇਲੇ ਭੀ ਉਹੀ ਪ੍ਰਭੂ ਛਡਾ ਸਕਣ ਵਾਲਾ ਹੈ ॥੧॥

31004	720	ਜਾ ਕੈ ਹਿਰਦੈ ਬਸਿਆ ਮੇਰਾ ਹਰਿ ਹਰਿ ਤਿਸੁ ਜਨ ਕਉ ਕਰਹੁ ਨਮਸਕਾਰਾ॥		Jaa Kai Hiradhai Basiaa Maeraa Har Har This Jan Ko Karahu Namasakaaraa ||	Bow down in reverence to that humble being, within whose heart the Lord, Har, Har, abides.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਸੱਚਾ ਵੱਸਿਆ ਰਹਿੰਦਾ ਹੈ, ਹੇ ਮੇਰੇ ਮਨ! ਉਸ ਮਨੁੱਖ ਅੱਗੇ ਸਦਾ ਸਿਰ ਨਿਵਾਇਆ ਕਰ।
31005	720	ਹਰਿ ਕਿਰਪਾ ਤੇ ਪਾਈਐ ਹਰਿ ਜਪੁ ਨਾਨਕ ਨਾਮੁ ਅਧਾਰਾ॥੨॥੫॥		Har Kirapaa Thae Paaeeai Har Jap Naanak Naam Adhhaaraa ||2||5||	By the Lord's Kind Mercy, O Nanak, one obtains the Lord's meditation, and the support of the Naam. ||2||5||	ਹੇ ਨਾਨਕ! (ਆਖ-ਹੇ ਮਨ!) ਪਰਮਾਤਮਾ ਦੀ ਕਿਰਪਾ ਨਾਲ ਹੀ ਪਰਮਾਤਮਾ ਦੇ ਨਾਮ ਦਾ ਜਾਪ ਪ੍ਰਾਪਤ ਹੁੰਦਾ ਹੈ (ਜਿਸ ਨੂੰ ਪ੍ਰਾਪਤ ਹੋ ਜਾਂਦਾ ਹੈ) ਨਾਮ (ਉਸ ਦੀ ਜ਼ਿੰਦਗੀ ਦਾ) ਆਸਰਾ ਬਣ ਜਾਂਦਾ ਹੈ ॥੨॥੫॥
31006	720	ਬੈਰਾੜੀ ਮਹਲਾ ੪॥		Bairaarree Mehalaa 4 ||	Bairaaree, Fourth Mehl:	
31007	720	ਜਪਿ ਮਨ ਹਰਿ ਹਰਿ ਨਾਮੁ ਨਿਤ ਧਿਆਇ॥		Jap Man Har Har Naam Nith Dhhiaae ||	O my mind, chant the Name of the Lord, Har, Har; meditate on it continually.	ਹੇ (ਮੇਰੇ) ਮਨ! ਸਦਾ ਪ੍ਰਭੂ ਦਾ ਨਾਮ ਜਪਿਆ ਕਰ, ਪ੍ਰਭੂ ਦਾ ਧਿਆਨ ਧਰਿਆ ਕਰ,

31008	720	ਜੋ ਇਛਹਿ ਸੋਈ ਫਲੁ ਪਾਵਹਿ ਫਿਰਿ ਦੂਖੁ ਨ ਲਾਗੈ ਆਇ॥੧॥ਰਹਾਉ॥		Jo Eishhehi Soee Fal Paavehi Fir Dhookh N Laagai Aae ||1|| Rehaao ||	You shall obtain the fruits of your heart's desires, and pain shall never touch you again. ||1||Pause||	(ਉਸ ਪ੍ਰਭੂ ਦੇ ਦਰ ਤੋਂ) ਜੋ ਕੁਝ ਮੰਗੇਂਗਾ, ਉਹੀ ਪ੍ਰਾਪਤ ਕਰ ਲਏਂਗਾ। ਕੋਈ ਦੁੱਖ ਭੀ ਆ ਕੇ ਤੈਨੂੰ ਪੋਹ ਨਹੀਂ ਸਕੇਗਾ ॥੧॥ ਰਹਾਉ ॥
31009	720	ਸੋ ਜਪੁ ਸੋ ਤਪੁ ਸਾ ਬ੍ਰਤ ਪੂਜਾ ਜਿਤੁ ਹਰਿ ਸਿਉ ਪ੍ਰੀਤਿ ਲਗਾਇ॥		So Jap So Thap Saa Brath Poojaa Jith Har Sio Preeth Lagaae ||	That is chanting, that is deep meditation and austerity, that is fasting and worship, which inspires love for the Lord.	ਹੇ ਮਨ! ਜਿਸ ਸਿਮਰਨ ਦੀ ਬਰਕਤਿ ਨਾਲ ਪਰਮਾਤਮਾ ਨਾਲ ਪ੍ਰੀਤ ਬਣੀ ਰਹਿੰਦੀ ਹੈ, ਉਹ ਸਿਮਰਨ ਹੀ ਜਪ ਹੈ, ਉਹ ਸਿਮਰਨ ਹੀ ਤਪ ਹੈ, ਉਹ ਸਿਮਰਨ ਹੀ ਵਰਤ ਹੈ, ਉਹ ਸਿਮਰਨ ਹੀ ਪੂਜਾ ਹੈ।
31010	720	ਬਿਨੁ ਹਰਿ ਪ੍ਰੀਤਿ ਹੋਰ ਪ੍ਰੀਤਿ ਸਭ ਝੂਠੀ ਇਕ ਖਿਨ ਮਹਿ ਬਿਸਰਿ ਸਭ ਜਾਇ॥੧॥		Bin Har Preeth Hor Preeth Sabh Jhoothee Eik Khin Mehi Bisar Sabh Jaae ||1||	Without the Lord's Love, every other love is false; in an instant, it is all forgotten. ||1||	ਪ੍ਰਭੂ-ਚਰਨਾਂ ਦੇ ਪਿਆਰ ਤੋਂ ਬਿਨਾ ਹੋਰ (ਜਪ ਤਪ ਆਦਿਕ ਦਾ) ਪਿਆਰ ਝੂਠਾ ਹੈ, ਇਕ ਛਿਨ ਵਿਚ ਹੀ ਉਹ ਪਿਆਰ ਭੁੱਲ ਜਾਂਦਾ ਹੈ ॥੧॥
31011	720	ਤੂ ਬੇਅੰਤੁ ਸਰਬ ਕਲ ਪੂਰਾ ਕਿਛੁ ਕੀਮਤਿ ਕਹੀ ਨ ਜਾਇ॥	(ਕਲ) ਕਲਾਂ, ਤਾਕਤਾਂ	Thoo Baeanth Sarab Kal Pooraa Kishh Keemath Kehee N Jaae ||	You are infinite, the Master of all power; Your value cannot be described at all.	ਹੇ ਪ੍ਰਭੂ ਜੀ! ਤੂੰ ਬੇਅੰਤ ਹੈਂ, ਤੂੰ ਸਾਰੀਆਂ ਤਾਕਤਾਂ ਨਾਲ ਭਰਪੂਰ ਹੈਂ, ਤੇਰਾ ਮੁੱਲ ਨਹੀਂ ਪਾਇਆ ਜਾ ਸਕਦਾ।

31012	720	ਨਾਨਕ ਸਰਣਿ ਤੁਮ੍ਹਾਰੀ ਹਰਿ ਜੀਉ ਭਾਵੈ ਤਿਵੈ ਛਡਾਇ॥੨॥੬॥		Naanak Saran Thumhaaree Har Jeeo Bhaavai Thivai Shhaddaae ||2||6||	Nanak has come to Your Sanctuary, O Dear Lord; as it pleases You, save him. ||2||6||	ਮੈਂ (ਨਾਨਕ) ਤੇਰੀ ਸਰਨ ਆਇਆ ਹਾਂ, ਜਿਵੇਂ ਤੈਨੂੰ ਚੰਗਾ ਲੱਗੇ, ਮੈਨੂੰ ਆਪਣੇ ਚਰਨਾਂ ਤੋਂ ਬਿਨਾ ਹੋਰ ਹੋਰ ਪ੍ਰੀਤ ਤੋਂ ਬਚਾਈ ਰੱਖ ॥੨॥੬॥
31013	720	ਰਾਗੁ ਬੈਰਾੜੀ ਮਹਲਾ ੫ ਘਰੁ ੧		Raag Bairaarree Mehalaa 5 Ghar 1	Raag Bairaaree, Fifth Mehl, First House:	ਰਾਗ ਬੈਰਾੜੀ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
31014	720	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31015	720	ਸੰਤ ਜਨਾ ਮਿਲਿ ਹਰਿ ਜਸੁ ਗਾਇਓ॥		Santh Janaa Mil Har Jas Gaaeiou ||	Meeting with the humble Saints, sing the Praises of the Lord.	ਹੇ ਭਾਈ! ਜਿਸ ਭੀ ਮਨੁੱਖ ਨੇ ਗੁਰਮੁਖਾਂ ਦੀ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ ਹੈ,
31016	720	ਕੋਟਿ ਜਨਮ ਕੇ ਦੂਖ ਗਵਾਇਓ॥੧॥ਰਹਾਉ॥		Kott Janam Kae Dhookh Gavaaeiou ||1|| Rehaao ||	The pains of millions of incarnations shall be eradicated. ||1||Pause||	ਉਸ ਨੇ ਆਪਣੇ ਕ੍ਰੋੜਾਂ ਜਨਮਾਂ ਦੇ ਦੁੱਖ ਦੂਰ ਕਰ ਲਏ ਹਨ ॥੧॥ ਰਹਾਉ ॥
31017	720	ਜੋ ਚਾਹਤ ਸੋਈ ਮਨਿ ਪਾਇਓ॥		Jo Chaahath Soee Man Paaeiou ||	Whatever your mind desires, that you shall obtain.	ਹੇ ਭਾਈ! ਸਿਫ਼ਤਿ-ਸਾਲਾਹ ਕਰਨ ਵਾਲੇ ਮਨੁੱਖ ਨੇ ਜੋ ਕੁਝ ਭੀ ਆਪਣੇ ਮਨ ਵਿਚ ਚਾਹ ਕੀਤੀ, ਉਸ ਨੂੰ ਉਹੀ ਪ੍ਰਾਪਤ ਹੋ ਗਈ।

31018	720	ਕਰਿ ਕਿਰਪਾ ਹਰਿ ਨਾਮੁ ਦਿਵਾਇਓ॥੧॥		Kar Kirapaa Har Naam Dhivaaeiou ||1||	By His Kind Mercy, the Lord blesses us with His Name. ||1||	(ਗੁਰੂ ਨੇ) ਕਿਰਪਾ ਕਰ ਕੇ ਉਸ ਨੂੰ (ਪ੍ਰਭੂ ਦੇ ਦਰ ਤੋਂ) ਪ੍ਰਭੂ ਦਾ ਨਾਮ ਭੀ ਦਿਵਾ ਦਿੱਤਾ ॥੧॥
31019	720	ਸਰਬ ਸੂਖ ਹਰਿ ਨਾਮਿ ਵਡਾਈ॥		Sarab Sookh Har Naam Vaddaaee ||	All happiness and greatness are in the Lord's Name.	ਹੇ ਭਾਈ! ਪਰਮਾਤਮਾ ਦੇ ਨਾਮ ਵਿਚ (ਜੁੜਿਆਂ) ਸਾਰੇ ਸੁਖ ਪ੍ਰਾਪਤ ਹੋ ਜਾਂਦੇ ਹਨ, (ਲੋਕ ਪਰਲੋਕ ਵਿਚ) ਇੱਜ਼ਤ (ਭੀ ਮਿਲ ਜਾਂਦੀ ਹੈ)।
31020	720	ਗੁਰ ਪ੍ਰਸਾਦਿ ਨਾਨਕ ਮਤਿ ਪਾਈ॥੨॥੧॥੭॥		Gur Prasaadh Naanak Math Paaee ||2||1||7||	By Guru's Grace, Nanak has gained this understanding. ||2||1||7||	ਹੇ ਨਾਨਕ! (ਪ੍ਰਭੂ ਦੇ ਨਾਮ ਵਿਚ ਜੁੜਨ ਦੀ ਇਹ) ਅਕਲ ਗੁਰੂ ਦੀ ਕਿਰਪਾ ਨਾਲ ਹੀ ਮਿਲਦੀ ਹੈ ॥੨॥੧॥੭॥
31021	721	ਰਾਗੁ ਤਿਲੰਗ ਮਹਲਾ ੧ ਘਰੁ ੧		Raag Thilang Mehalaa 1 Ghar 1	Raag Tilang, First Mehl, First House:	ਰਾਗ ਤਿਲੰਗ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
31022	721	੧ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

31023	721	ਯਕ ਅਰਜ ਗੁਫਤਮ ਪੇਸਿ ਤੋ ਦਰ ਗੋਸ ਕੁਨ ਕਰਤਾਰ॥	(ਯਕ) ਇੱਕ। ਅਰਜ ਪ੍ਰੇਮ ਬੇਨਤੀ। (ਗੁਫਤ-ਮ) (ਮ)ਦਾਸਨ ਦਾਸ (ਗੁਫਤ)ਕਹਿੰਦਾ ਹੈ। ਤੋ ਆਪ ਜੀ। ਪੇਸਿ ਅੱਗੇ। ਦਰਵਿੱਚ। ਗੋਸ ਕੰਨ। ਕੁਨਦੇ ਕਰਕੇ। ਯੱਕ,ਗੁਫਤ-ਮ	Yak Araj Gufatham Paes Tho Dhar Gos Kun Karathaar ||	I offer this one prayer to You; please listen to it, O Creator Lord.	ਹੇ ਕਰਤਾਰ! ਮੈਂ ਤੇਰੇ ਅੱਗੇ ਇਕ ਬੇਨਤੀ ਕੀਤੀ ਹੈ, (ਮੇਰੀ ਬੇਨਤੀ) ਧਿਆਨ ਨਾਲ ਸੁਣ।
31024	721	ਹਕਾ ਕਬੀਰ ਕਰੀਮ ਤੂ ਬੇਐਬ ਪਰਵਦਗਾਰ॥੧॥	(ਹਕਾ)ਸੱਚ ਸਰੂਪ, ਕਬੀਰ ਵੱਡੇ। (ਕਰੀਮ) ਕਰਮ-ਬਖ਼ਸ਼ੀ ਕਰਨ ਵਾਲੇ, ਸਭ ਨੂੰ (ਪਰਵਦ)ਗਾਰਪ੍ਰਤਿਪਾਲਣ ਵਾਲੇ। ਹੱਕਾ, ਬੇ-ਐਬ	Hakaa Kabeer Kareem Thoo Baeaib Paravadhagaar ||1||	You are true, great, merciful and spotless, O Cherisher Lord. ||1||	ਤੂੰ ਸਦਾ ਕਾਇਮ ਰਹਿਣ ਵਾਲਾ ਹੈਂ। ਤੂੰ (ਸਭ ਤੋਂ) ਵੱਡਾ ਹੈਂ, ਤੂੰ ਬਖ਼ਸ਼ਸ਼ ਕਰਨ ਵਾਲਾ ਹੈਂ, ਤੂੰ ਪਵਿਤ੍ਰ ਹਸਤੀ ਵਾਲਾ ਹੈਂ, ਤੂੰ ਸਭ ਦਾ ਪਾਲਣ ਵਾਲਾ ਹੈਂ ॥੧॥
31025	721	ਦੁਨੀਆ ਮੁਕਾਮੇ ਫਾਨੀ ਤਹਕੀਕ ਦਿਲ ਦਾਨੀ॥	(ਮੁਕਾਮੇ)ਇਸਥਿਤੀ। (ਫਾਨੀ) ਨਾਸ਼ਵੰਤ। (ਤਹਕੀਕ)ਨਿਸਚੇ ਕਰਕੇ। (ਦਾਨੀ)ਜਾਣੀ	Dhuneeaa Mukaamae Faanee Thehakeek Dhil Dhaanee ||	The world is a transitory place of mortality - know this for certain in your mind.	ਹੇ (ਮੇਰੇ) ਦਿਲ! ਤੂੰ ਸੱਚ ਜਾਣ ਕਿ ਇਹ ਦੁਨੀਆ ਨਾਸਵੰਤ ਹੈ।

31026	721	ਮਮ ਸਰ ਮੂਇ ਅਜਰਾਈਲ ਗਿਰਫਤਹ ਦਿਲ ਹੇਚਿ ਨ ਦਾਨੀ॥੧॥ਰਹਾਉ॥	ਮਮ ਮੇਰੇ। ਸਰ ਸਿਰ। ਮੂਇ ਕੇਸ। ਅਜਰਾ-ਈਲਜਮਦੂਤ। ਗਿ-ਰੱਫ-ਤਹ ਪਕੜੇ। ਹੇਚਿ ਥੋੜੇ ਮਾਤ੍ਰ। ਦਾਨੀਜਾਣੀ	Mam Sar Mooe Ajaraaeel Girafatheh Dhil Haech N Dhaanee ||1|| Rehaao ||	Azraa-eel, the Messenger of Death, has caught me by the hair on my head, and yet, I do not know it at all in my mind. ||1||Pause||	ਹੇ ਦਿਲ! ਤੂੰ ਕੁਝ ਭੀ ਨਹੀਂ ਸਮਝਦਾ ਕਿ (ਮੌਤ ਦੇ ਫ਼ਰਿਸ਼ਤੇ) ਅਜ਼ਰਾਈਲ ਨੇ ਮੇਰੇ ਸਿਰ ਦੇ ਵਾਲ ਫੜੇ ਹੋਏ ਹਨ ॥੧॥ ਰਹਾਉ ॥
31027	721	ਜਨ ਪਿਸਰ ਪਦਰ ਬਿਰਾਦਰਾਂ ਕਸ ਨੇਸ ਦਸਤੰਗੀਰ॥	(ਜਨ)ਇਸਤ੍ਰੀ। (ਪਿਸਰ)ਪੁੱਤ। (ਪਦਰ) ਪਿਤਾ। (ਬਿਰਾਦਰਾਂ)ਸਬੰਧੀ। (ਕਸ)ਮਨੁੱਖ। (ਨੇਸ)ਨਹੀਂ। (ਦਸਤੰ) ਗੀਰਹੱਥ ਪਕੜਨਾ। ਪਦਰ:ਪੋਲਾ ਬੋਲੋ	Jan Pisar Padhar Biraadharaan Kas Naes Dhasathangeer ||	Spouse, children, parents and siblings - none of them will be there to hold your hand.	ਇਸਤ੍ਰੀ, ਪੁੱਤਰ, ਪਿਉ, (ਸਾਰੇ) ਭਰਾ, (ਇਹਨਾਂ ਵਿਚੋਂ) ਕੋਈ ਭੀ ਮਦਦ ਕਰਨ ਵਾਲਾ ਨਹੀਂ ਹੈ,
31028	721	ਆਖਿਰ ਬਿਅਫਤਮ ਕਸ ਨ ਦਾਰਦ ਚੂੰ ਸਵਦ ਤਕਬੀਰ॥੨॥	(ਆਖਿਰ) ਅਖ਼ੀਰ ਨੂੰ। (ਬਿਅਫਤਮ)ਜਦੋਂ ਡਿੱਗ ਪਿਆ। (ਕਸ) ਮਨੁੱਖ। (ਦਾਰਦ)ਰੱਖਿਆ ਕਰਨ ਵਾਲਾ। (ਚੂੰ)ਜਦੋਂ। ਸ-ਵੱਦ: ਹੋਵੇਗੀ। (ਤਕਬੀਰ)ਬੱਕਰੇ ਦੇ ਕੋਹਣ ਵਾਲੀ ਹਾਲਤ। ਬਿ-ਅਫਤਮ	Aakhir Biafatham Kas N Dhaaradh Choon Savadh Thakabeer ||2||	And when at last I fall, and the time of my last prayer has come, there shall be no one to rescue me. ||2||	(ਜਦੋਂ) ਆਖ਼ਿਰ ਨੂੰ ਮੈਂ ਡਿੱਗਾ (ਭਾਵ, ਜਦੋਂ ਮੌਤ ਆ ਗਈ), ਜਦੋਂ ਮੁਰਦੇ ਨੂੰ ਦੱਬਣ ਵੇਲੇ ਦੀ ਨਮਾਜ਼ ਪੜ੍ਹੀਦੀ ਹੈ, ਕੋਈ ਭੀ (ਮੈਨੂੰ ਇਥੇ) ਰੱਖ ਨਹੀਂ ਸਕਦਾ ॥੨॥

31029	721	ਸਬ ਰੋਜ ਗਸਤਮ ਦਰ ਹਵਾ ਕਰਦੇਮ ਬਦੀ ਖਿਆਲ॥	(ਸਬ)ਰਾਤ। (ਰੋਜ)ਦਿਨ। (ਗਸ-ਤਮ)ਫਿਰਦਾ ਹੈ। (ਹਵਾ) ਖਾਹਸ਼। (ਕਰਦੇਮ)ਕਰਦਾ ਹੈ ਦਾਸ। (ਬਦੀ)ਬੁਰਿਆਈ। ਬਦੀ:ਪੋਲਾ ਬੋਲੋ	Sab Roj Gasatham Dhar Havaa Karadhaem Badhee Khiaal ||	Night and day, I wandered around in greed, contemplating evil schemes.	(ਸਾਰੀ ਜ਼ਿੰਦਗੀ) ਮੈਂ ਰਾਤ ਦਿਨ ਲਾਲਚ ਵਿਚ ਹੀ ਫਿਰਦਾ ਰਿਹਾ, ਮੈਂ ਬਦੀ ਦੇ ਹੀ ਖ਼ਿਆਲ ਕਰਦਾ ਰਿਹਾ।
31030	721	ਗਾਹੇ ਨ ਨੇਕੀ ਕਾਰ ਕਰਦਮ ਮਮ ਈਂ ਚਿਨੀ ਅਹਵਾਲ॥੩॥	ਗਾਹੇ ਕਦੇ ਭੀ। ਨੇਕੀ ਭਲਿਆਈ। ਕਾਰ ਕਿਰਤ। ਕਰ-ਦਮ ਕਰਦਾ। ਮਮ ਦਾਸਨ ਦਾਸ ਦੀ। (ਈਂ) ਐਸੀ। ਚਿਨੀ ਜੈਸੀ। ਅਹ-ਵਾਲਹਾਲਤ। ਚਿਨੀ ਪੋਲਾ	Gaahae N Naekee Kaar Karadham Mam Eanaee Chinee Ahavaal ||3||	I never did good deeds; this is my condition. ||3||	ਮੈਂ ਕਦੇ ਕੋਈ ਨੇਕੀ ਦਾ ਕੰਮ ਨਹੀਂ ਕੀਤਾ। (ਹੇ ਕਰਤਾਰ!) ਮੇਰਾ ਇਹੋ ਜਿਹਾ ਹਾਲ ਹੈ ॥੩॥

31031	721	ਬਦ ਬਖਤ ਹਮ ਚੁ ਬਖੀਲ ਗਾਫਿਲ ਬੇਨਜਰ ਬੇਬਾਕ॥	(ਬਦ)ਮਾੜੇ। (ਬਖਤ)ਭਾਗਾਂ ਵਾਲਾ। (ਚੁ)ਐਸੇ। (ਬਖੀਲ)ਸੂਮ,ਨਿੰਦਕ। (ਗਾਫਿਲ)ਵਾਹਿਗੁਰੂ ਜੀ ਨੂੰ ਭੁੱਲ ਕੇ ਮੰਦ ਕਰਮਾ ਚ ਲੱਗਾ। (ਬੇਨਜਰ) ਬੇ:ਬਿਨਾ,ਨਜਰ:ਕ੍ਰਿਪਾ ਦ੍ਰਿਸਟੀ ਤੋਂ। (ਬੇਬਾਕ) ਬੇ:ਬਿਨਾ,ਬਾਕ:ਖੌਫ਼ ਤੋਂ । ਗਾ-ਫਿਲ,ਬੇ-ਨਜਰ, ਬੇ-ਬਾਕ	Badhabakhath Ham Ch Bakheel Gaafil Baenajar Baebaak ||	I am unfortunate, miserly, negligent, shameless and without the Fear of God.	(ਹੇ ਕਰਤਾਰ!) ਮੇਰੇ ਵਰਗਾ (ਦੁਨੀਆ ਵਿਚ) ਕੋਈ ਨਿਭਾਗਾ, ਨਿੰਦਕ, ਲਾ-ਪਰਵਾਹ, ਢੀਠ ਤੇ ਨਿਡਰ ਨਹੀਂ ਹੈ,
31032	721	ਨਾਨਕ ਬੁਗੋਯਦ ਜਨੁ ਤੁਰਾ ਤੇਰੇ ਚਾਕਰਾਂ ਪਾ ਖਾਕ॥੪॥੧॥	ਦਾਸਨ ਦਾਸ(ਬੁਗੋ-ਯਦ)ਕਥਨ ਕਰਦਾ ਹੈ, ਯ:ਤਾਲੂ ਤੋਂ ਬੋਲੋ। ਜਨ ਸੇਵਕ। (ਤੁਰਾ)ਆਪਜੀ ਦੇ। (ਚਾਕਰਾਂ)ਗੁਰਸੇਵਕਾਂ ਦੇ। (ਪਾ) ਪੈਰਾਂ ਦੀ। (ਖਾਕ)ਧੂੜਿ	Naanak Bugoyadh Jan Thuraa Thaerae Chaakaraan Paa Khaak ||4||1||	Says Nanak, I am Your humble servant, the dust of the feet of Your slaves. ||4||1||	(ਪਰ ਤੇਰਾ) ਦਾਸ ਨਾਨਕ ਤੈਨੂੰ ਆਖਦਾ ਹੈ ਕਿ (ਮੇਹਰ ਕਰ, ਮੈਨੂੰ) ਤੇਰੇ ਸੇਵਕਾਂ ਦੇ ਚਰਨਾਂ ਦੀ ਧੂੜ ਮਿਲੇ ॥੪॥੧॥
31033	721	ਤਿਲੰਗ ਮਹਲਾ ੧ ਘਰੁ ੨		Thilang Mehalaa 1 Ghar 2	Tilang, First Mehl, Second House:	ਰਾਗ ਤਿਲੰਗ, ਘਰ ੨ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।

31034	721	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31035	721	ਭਉ ਤੇਰਾ ਭਾਂਗ ਖਲੜੀ ਮੇਰਾ ਚੀਤੁ॥	ਖੱਲੜੀ	Bho Thaeraa Bhaang Khalarree Maeraa Cheeth ||	The Fear of You, O Lord God, is my marijuana; my consciousness is the pouch which holds it.	ਤੇਰਾ ਡਰ ਅਦਬ ਮੇਰੇ ਵਾਸਤੇ ਭੰਗ ਹੈ, ਮੇਰਾ ਮਨ (ਇਸ ਭੰਗ ਨੂੰ ਸਾਂਭ ਕੇ ਰੱਖਣ ਲਈ) ਗੁੱਥੀ ਹੈ।
31036	721	ਮੈ ਦੇਵਾਨਾ ਭਇਆ ਅਤੀਤੁ॥		Mai Dhaevaanaa Bhaeiaa Atheeth ||	I have become an intoxicated hermit.	(ਤੇਰੇ ਡਰ-ਅਦਬ ਦੀ ਭੰਗ ਨਾਲ) ਮੈਂ ਨਸ਼ਈ ਤੇ ਵਿਰਕਤ ਹੋ ਗਿਆ ਹਾਂ।
31037	721	ਕਰ ਕਾਸਾ ਦਰਸਨ ਕੀ ਭੂਖ॥		Kar Kaasaa Dharasan Kee Bhookh ||	My hands are my begging bowl; I am so hungry for the Blessed Vision of Your Darshan.	ਮੇਰੇ ਦੋਵੇਂ ਹੱਥ (ਤੇਰੇ ਦਰ ਤੋਂ ਖ਼ੈਰ ਲੈਣ ਵਾਸਤੇ) ਪਿਆਲਾ ਹਨ, (ਮੇਰੇ ਆਤਮਾ ਨੂੰ ਤੇਰੇ) ਦੀਦਾਰ ਦੀ ਭੁੱਖ (ਲੱਗੀ ਹੋਈ) ਹੈ।
31038	721	ਮੈ ਦਰਿ ਮਾਗਉ ਨੀਤਾ ਨੀਤ॥੧॥		Mai Dhar Maago Neethaa Neeth ||1||	I beg at Your Door, day after day. ||1||	(ਇਸ ਵਾਸਤੇ) ਮੈਂ (ਤੇਰੇ) ਦਰ ਤੇ ਸਦਾ (ਦੀਦਾਰ ਦੀ ਮੰਗ ਹੀ) ਮੰਗਦਾ ਹਾਂ ॥੧॥
31039	721	ਤਉ ਦਰਸਨ ਕੀ ਕਰਉ ਸਮਾਇ॥		Tho Dharasan Kee Karo Samaae ||	I long for the Blessed Vision of Your Darshan.	(ਹੇ ਪ੍ਰਭੂ!) ਮੈਂ ਤੇਰੇ ਦੀਦਾਰ ਦੀ ਸਦਾਅ ਕਰਦਾ ਹਾਂ,
31040	721	ਮੈ ਦਰਿ ਮਾਗਤੁ ਭੀਖਿਆ ਪਾਇ॥੧॥ਰਹਾਉ॥		Mai Dhar Maagath Bheekhiaa Paae ||1|| Rehaao ||	I am a beggar at Your Door - please bless me with Your charity. ||1||Pause||	ਮੈਂ ਤੇਰੇ ਦਰ ਤੇ ਮੰਗਤਾ ਹਾਂ, ਮੈਨੂੰ (ਆਪਣੇ ਦੀਦਾਰ ਦਾ) ਖ਼ੈਰ ਪਾ ॥੧॥ ਰਹਾਉ ॥

31041	721	ਕੇਸਰਿ ਕੁਸਮ ਮਿਰਗਮੈ ਹਰਣਾ ਸਰਬ ਸਰੀਰੀ ਚੜ੍ਹਣਾ॥	ਮਿਰਗ-ਮੈ:ਮੈ ਬਿੰਦੀ ਨ ਲਾਉ	Kaesar Kusam Miragamai Haranaa Sarab Sareeree Charrhanaa ||	Saffron, flowers, musk oil and gold embellish the bodies of all.	ਕੇਸਰ, ਫੁੱਲ, ਕਸਤੂਰੀ ਤੇ ਸੋਨਾ (ਇਹਨਾਂ ਦੀ ਭਿੱਟ ਕੋਈ ਨਹੀਂ ਮੰਨਦਾ, ਇਹ) ਸਭਨਾਂ ਦੇ ਸਰੀਰਾਂ ਤੇ ਵਰਤੇ ਜਾਂਦੇ ਹਨ।
31042	721	ਚੰਦਨ ਭਗਤਾ ਜੋਤਿ ਇਨੇਹੀ ਸਰਬੇ ਪਰਮਲੁ ਕਰਣਾ॥੨॥		Chandhan Bhagathaa Joth Einaehee Sarabae Paramal Karanaa ||2||	The Lord's devotees are like sandalwood, which imparts its fragrance to everyone. ||2||	ਚੰਦਨ ਸਭ ਨੂੰ ਸੁਗੰਧੀ ਦੇਂਦਾ ਹੈ, ਅਜੇਹਾ ਹੀ ਸੁਭਾਉ (ਤੇਰੇ) ਭਗਤਾਂ ਦਾ ਹੈ ॥੨॥
31043	721	ਘਿਅ ਪਟ ਭਾਂਡਾ ਕਹੈ ਨ ਕੋਇ॥		Ghia Patt Bhaanddaa Kehai N Koe ||	No one says that ghee or silk are polluted.	ਰੇਸ਼ਮ ਤੇ ਘਿਉ ਦੇ ਭਾਂਡੇ ਬਾਰੇ ਕਦੇ ਕੋਈ ਮਨੁੱਖ ਪੁੱਛ ਨਹੀਂ ਕਰਦਾ (ਕਿ ਇਹਨਾਂ ਨੂੰ ਕਿਸ ਕਿਸ ਦਾ ਹੱਥ ਲੱਗ ਚੁਕਾ ਹੈ)।
31044	721	ਐਸਾ ਭਗਤੁ ਵਰਨ ਮਹਿ ਹੋਇ॥		Aisaa Bhagath Varan Mehi Hoe ||	Such is the Lord's devotee, no matter what his social status is.	(ਹੇ ਪ੍ਰਭੂ! ਤੇਰਾ) ਭਗਤ ਭੀ ਅਜੇਹਾ ਹੀ ਹੁੰਦਾ ਹੈ, ਭਾਵੇਂ ਉਹ ਕਿਸੇ ਹੀ ਜਾਤਿ ਵਿਚ (ਜੰਮਿਆ) ਹੋਵੇ।
31045	721	ਤੇਰੈ ਨਾਮਿ ਨਿਵੇ ਰਹੇ ਲਿਵ ਲਾਇ॥		Thaerai Naam Nivae Rehae Liv Laae ||	Those who bow in reverence to the Naam, the Name of the Lord, remain absorbed in Your Love.	ਜੋ ਬੰਦੇ ਤੇਰੇ ਨਾਮ ਵਿਚ ਲੀਨ ਰਹਿੰਦੇ ਹਨ ਲਿਵ ਲਾਈ ਰੱਖਦੇ ਹਨ,

31046	721	ਨਾਨਕ ਤਿਨ ਦਰਿ ਭੀਖਿਆ ਪਾਇ॥੩॥੧॥੨॥		Naanak Thin Dhar Bheekhiaa Paae ||3||1||2||	Nanak begs for charity at their door. ||3||1||2||	ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰ ਤੇ ਆਖ-ਹੇ ਪ੍ਰਭੂ!) ਉਹਨਾਂ ਦੇ ਦਰ ਤੇ (ਰੱਖ ਕੇ ਮੈਨੂੰ ਆਪਣੇ ਦਰਸਨ ਦਾ) ਖ਼ੈਰ ਪਾ ॥੩॥੧॥੨॥
31047	721	ਤਿਲੰਗ ਮਹਲਾ ੧ ਘਰੁ ੩		Thilang Mehalaa 1 Ghar 3	Tilang, First Mehl, Third House:	ਰਾਗ ਤਿਲੰਗ, ਘਰ ੩ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
31048	721	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31049	721	ਇਹੁ ਤਨੁ ਮਾਇਆ ਪਾਹਿਆ ਪਿਆਰੇ ਲੀਤੜਾ ਲਬਿ ਰੰਗਾਏ॥	ਲੱਬਿ	Eihu Than Maaeiaa Paahiaa Piaarae Leetharraa Lab Rangaaeae ||	This body fabric is conditioned by Maya, O beloved; this cloth is dyed in greed.	ਜਿਸ ਜੀਵ-ਇਸਤ੍ਰੀ ਦੇ ਇਸ ਸਰੀਰ ਨੂੰ ਮਾਇਆ (ਦੇ ਮੋਹ) ਦੀ ਪਾਹ ਲੱਗੀ ਹੋਵੇ, ਤੇ ਫਿਰ ਉਸ ਨੇ ਇਸ ਨੂੰ ਲੱਬ ਨਾਲ ਰੰਗਾ ਲਿਆ ਹੋਵੇ,
31050	722	ਮੇਰੈ ਕੰਤ ਨ ਭਾਵੈ ਚੋਲੜਾ ਪਿਆਰੇ ਕਿਉ ਧਨ ਸੇਜੈ ਜਾਏ॥੧॥		Maerai Kanth N Bhaavai Cholarraa Piaarae Kio Dhhan Saejai Jaaeae ||1||	My Husband Lord is not pleased by these clothes, O Beloved; how can the soul-bride go to His bed? ||1||	ਉਹ ਜੀਵ-ਇਸਤ੍ਰੀ ਖਸਮ-ਪ੍ਰਭੂ ਦੇ ਚਰਨਾਂ ਵਿਚ ਨਹੀਂ ਪਹੁੰਚ ਸਕਦੀ, ਕਿਉਂਕਿ (ਜਿੰਦ ਦਾ) ਇਹ ਚੋਲਾ (ਇਹ ਸਰੀਰ, ਇਹ ਜੀਵਨ) ਖਸਮ-ਪ੍ਰਭੂ ਨੂੰ ਪਸੰਦ ਨਹੀਂ ਆਉਂਦਾ ॥੧॥

31051	722	ਹੰਉ ਕੁਰਬਾਨੈ ਜਾਉ ਮਿਹਰਵਾਨਾ ਹੰਉ ਕੁਰਬਾਨੈ ਜਾਉ॥		Hano Kurabaanai Jaao Miharavaanaa Hano Kurabaanai Jaao ||	I am a sacrifice, O Dear Merciful Lord; I am a sacrifice to You.	ਹੇ ਮਿਹਰਬਾਨ ਪ੍ਰਭੂ! ਮੈਂ ਕੁਰਬਾਨ ਜਾਂਦਾ ਹਾਂ ਮੈਂ ਸਦਕੇ ਜਾਂਦਾ ਹਾਂ,
31052	722	ਹੰਉ ਕੁਰਬਾਨੈ ਜਾਉ ਤਿਨਾ ਕੈ ਲੈਨ ਜੋ ਤੇਰਾ ਨਾਉ॥		Hano Kurabaanai Jaao Thinaa Kai Lain Jo Thaeraa Naao ||	I am a sacrifice to those who take to Your Name.	ਮੈਂ ਵਰਨੇ ਜਾਂਦਾ ਹਾਂ ਉਹਨਾਂ ਤੋਂ ਜੋ ਤੇਰਾ ਨਾਮ ਸਿਮਰਦੇ ਹਨ।
31053	722	ਲੈਨਿ ਜੋ ਤੇਰਾ ਨਾਉ ਤਿਨਾ ਕੈ ਹੰਉ ਸਦ ਕੁਰਬਾਨੈ ਜਾਉ॥੧॥ਰਹਾਉ॥		Lain Jo Thaeraa Naao Thinaa Kai Hano Sadh Kurabaanai Jaao ||1|| Rehaao ||	Unto those who take to Your Name, I am forever a sacrifice. ||1||Pause||	ਜੋ ਬੰਦੇ ਤੇਰਾ ਨਾਮ ਲੈਂਦੇ ਹਨ, ਮੈਂ ਉਹਨਾਂ ਤੋਂ ਸਦਾ ਕੁਰਬਾਨ ਜਾਂਦਾ ਹਾਂ ॥੧॥ ਰਹਾਉ ॥
31054	722	ਕਾਇਆ ਰੰਙਣਿ ਜੇ ਥੀਐ ਪਿਆਰੇ ਪਾਈਐ ਨਾਉ ਮਜੀਠ॥		Kaaeiaa Rann(g)an Jae Thheeai Piaarae Paaeeai Naao Majeeth ||	If the body becomes the dyer's vat, O Beloved, and the Name is placed within it as the dye,	(ਪਰ, ਹਾਂ!) ਜੇ ਇਹ ਸਰੀਰ (ਨੀਲਾਰੀ ਦੀ) ਮੱਟੀ ਬਣ ਜਾਏ, ਤੇ ਹੇ ਸੱਜਣ! ਜੇ ਇਸ ਵਿਚ ਮਜੀਠ ਵਰਗੇ ਪੱਕੇ ਰੰਗ ਵਾਲਾ ਪ੍ਰਭੂ ਦਾ ਨਾਮ-ਰੰਗ ਪਾਇਆ ਜਾਏ,

31055	722	ਰੰਙਣ ਵਾਲਾ ਜੇ ਰੰਙੈ ਸਾਹਿਬੁ ਐਸਾ ਰੰਗੁ ਨ ਡੀਠ॥੨॥		Rann(g)an Vaalaa Jae Rann(g)ai Saahib Aisaa Rang N Ddeeth ||2||	And if the Dyer who dyes this cloth is the Lord Master - O, such a color has never been seen before! ||2||	ਫਿਰ ਮਾਲਿਕ-ਪ੍ਰਭੂ ਆਪ ਨੀਲਾਰੀ (ਬਣ ਕੇ ਜੀਵ-ਇਸਤ੍ਰੀ ਦੇ ਮਨ ਨੂੰ) ਰੰਗ (ਦਾ ਡੋਬਾ) ਦੇਵੇ, ਤਾਂ ਅਜੇਹਾ ਰੰਗ ਚੜ੍ਹਦਾ ਹੈ ਜੋ ਕਦੇ ਪਹਿਲਾਂ ਵੇਖਿਆ ਨਾਹ ਹੋਵੇ ॥੨॥
31056	722	ਜਿਨ ਕੇ ਚੋਲੇ ਰਤੜੇ ਪਿਆਰੇ ਕੰਤੁ ਤਿਨਾ ਕੈ ਪਾਸਿ॥	ਰੱਤੜੇ	Jin Kae Cholae Ratharrae Piaarae Kanth Thinaa Kai Paas ||	Those whose shawls are so dyed, O Beloved, their Husband Lord is always with them.	ਹੇ ਪਿਆਰੇ (ਸੱਜਣ!) ਜਿਨ੍ਹਾਂ ਜੀਵ-ਇਸਤ੍ਰੀਆਂ ਦੇ (ਸਰੀਰ-) ਚੋਲੇ (ਜੀਵਨ ਨਾਮ-ਰੰਗ ਨਾਲ) ਰੰਗੇ ਗਏ ਹਨ, ਖਸਮ-ਪ੍ਰਭੂ (ਸਦਾ) ਉਹਨਾਂ ਦੇ ਕੋਲ (ਵੱਸਦਾ) ਹੈ।
31057	722	ਧੂੜਿ ਤਿਨਾ ਕੀ ਜੇ ਮਿਲੈ ਜੀ ਕਹੁ ਨਾਨਕ ਕੀ ਅਰਦਾਸਿ॥੩॥		Dhoorr Thinaa Kee Jae Milai Jee Kahu Naanak Kee Aradhaas ||3||	Bless me with the dust of those humble beings, O Dear Lord. Says Nanak, this is my prayer. ||3||	ਹੇ ਸੱਜਣ! ਨਾਨਕ ਵਲੋਂ ਉਹਨਾਂ ਪਾਸ ਬੇਨਤੀ ਕਰ, ਭਲਾ ਕਿਤੇ ਨਾਨਕ ਨੂੰ ਉਹਨਾਂ ਦੇ ਚਰਨਾਂ ਦੀ ਧੂੜ ਮਿਲ ਜਾਏ ॥੩॥
31058	722	ਆਪੇ ਸਾਜੇ ਆਪੇ ਰੰਗੇ ਆਪੇ ਨਦਰਿ ਕਰੇਇ॥		Aapae Saajae Aapae Rangae Aapae Nadhar Karaee ||	He Himself creates, and He Himself imbues us. He Himself bestows His Glance of Grace.	ਜਿਸ ਜੀਵ-ਇਸਤ੍ਰੀ ਉਤੇ ਪ੍ਰਭੂ ਆਪ ਮਿਹਰ ਦੀ ਨਜ਼ਰ ਕਰਦਾ ਹੈ ਉਸ ਨੂੰ ਉਹ ਆਪ ਹੀ ਸੰਵਾਰਦਾ ਹੈ ਆਪ ਹੀ (ਨਾਮ ਦਾ) ਰੰਗ ਚਾੜ੍ਹਦਾ ਹੈ।

31059	722	ਨਾਨਕ ਕਾਮਣਿ ਕੰਤੈ ਭਾਵੈ ਆਪੇ ਹੀ ਰਾਵੇਇ॥੪॥੧॥੩॥		Naanak Kaaman Kanthai Bhaavai Aapae Hee Raavaee ||4||1||3||	O Nanak, if the soul-bride becomes pleasing to her Husband Lord, He Himself enjoys her. ||4||1||3||	ਹੇ ਨਾਨਕ! ਉਹ ਜੀਵ-ਇਸਤ੍ਰੀ ਖਸਮ-ਪ੍ਰਭੂ ਨੂੰ ਪਿਆਰੀ ਲੱਗਦੀ ਹੈ, ਉਸ ਨੂੰ ਪ੍ਰਭੂ ਆਪ ਹੀ ਆਪਣੇ ਚਰਨਾਂ ਵਿਚ ਜੋੜਦਾ ਹੈ ॥੪॥੧॥੩॥
31060	722	ਤਿਲੰਗ ਮਃ੧॥		Thilang Ma 1 ||	Tilang, First Mehl:	
31061	722	ਇਆਨੜੀਏ ਮਾਨੜਾ ਕਾਇ ਕਰੇਹਿ॥		Eiaanarreeeae Maanarraa Kaae Karaehi ||	O foolish and ignorant soul-bride, why are you so proud?	ਹੇ ਬਹੁਤ ਅੰਞਾਣ ਜਿੰਦੇ! ਇਤਨਾ ਕੋਝਾ ਮਾਣ ਤੂੰ ਕਿਉਂ ਕਰਦੀ ਹੈਂ?
31062	722	ਆਪਨੜੈ ਘਰਿ ਹਰਿ ਰੰਗੋ ਕੀ ਨ ਮਾਣੇਹਿ॥		Aapanarrai Ghar Har Rango Kee N Maanaehi ||	Within the home of your own self, why do you not enjoy the Love of your Lord?	ਪਰਮਾਤਮਾ ਤੇਰੇ ਆਪਣੇ ਹੀ ਹਿਰਦੇ-ਘਰ ਵਿਚ ਹੈ, ਤੂੰ ਉਸ (ਦੇ ਮਿਲਾਪ) ਦਾ ਆਨੰਦ ਕਿਉਂ ਨਹੀਂ ਮਾਣਦੀ?
31063	722	ਸਹੁ ਨੇੜੈ ਧਨ ਕੰਮਲੀਏ ਬਾਹਰੁ ਕਿਆ ਢੂਢੇਹਿ॥	ਧਨ:ਪੋਲਾ ਬੋਲੋ	Sahu Naerrai Dhhan Kanmaleeeae Baahar Kiaa Dtoodtaehi ||	Your Husband Lord is so very near, O foolish bride; why do you search for Him outside?	ਹੇ ਭੋਲੀ ਜੀਵ-ਇਸਤ੍ਰੀਏ! ਪਤੀ-ਪ੍ਰਭੂ (ਤੇਰੇ ਅੰਦਰ ਹੀ ਤੇਰੇ) ਨੇੜੇ ਵੱਸ ਰਿਹਾ ਹੈ, ਤੂੰ (ਜੰਗਲ ਆਦਿਕ) ਬਾਹਰਲਾ ਸੰਸਾਰ ਕਿਉਂ ਭਾਲਦੀ ਫਿਰਦੀ ਹੈਂ?

31064	722	ਭੈ ਕੀਆ ਦੇਹਿ ਸਲਾਈਆ ਨੈਣੀ ਭਾਵ ਕਾ ਕਰਿ ਸੀਗਾਰੋ॥		Bhai Keeaa Dhaehi Salaaeeaa Nainee Bhaav Kaa Kar Seegaaro ||	Apply the Fear of God as the maascara to adorn your eyes, and make the Love of the Lord your ornament.	(ਜੇ ਤੂੰ ਉਸ ਦਾ ਦੀਦਾਰ ਕਰਨਾ ਹੈ, ਤਾਂ ਆਪਣੀਆਂ ਗਿਆਨ ਦੀਆਂ) ਅੱਖਾਂ ਵਿਚ (ਪ੍ਰਭੂ ਦੇ) ਡਰ-ਅਦਬ (ਦੇ ਸੁਰਮੇ) ਦੀਆਂ ਸਲਾਈਆਂ ਪਾ, ਪ੍ਰਭੂ ਦੇ ਪਿਆਰ ਦਾ ਹਾਰ-ਸਿੰਗਾਰ ਕਰ।
31065	722	ਤਾ ਸੋਹਾਗਣਿ ਜਾਣੀਐ ਲਾਗੀ ਜਾ ਸਹੁ ਧਰੇ ਪਿਆਰੋ॥੧॥		Thaa Sohaagan Jaaneeai Laagee Jaa Sahu Dhharae Piaaro ||1||	Then, you shall be known as a devoted and committed soul-bride, when you enshrine love for your Husband Lord. ||1||	ਜੀਵ-ਇਸਤ੍ਰੀ ਤਦੋਂ ਹੀ ਸੋਹਾਗ ਭਾਗ ਵਾਲੀ ਤੇ ਪ੍ਰਭੂ-ਚਰਨਾਂ ਵਿਚ ਜੁੜੀ ਹੋਈ ਸਮਝੀ ਜਾਂਦੀ ਹੈ, ਜਦੋਂ ਪ੍ਰਭੂ-ਪਤੀ ਉਸ ਨਾਲ ਪਿਆਰ ਕਰੇ ॥੧॥
31066	722	ਇਆਣੀ ਬਾਲੀ ਕਿਆ ਕਰੇ ਜਾ ਧਨ ਕੰਤ ਨ ਭਾਵੈ॥	ਬਾਲੀ:ਕਸ ਕੇ	Eiaanee Baalee Kiaa Karae Jaa Dhhan Kanth N Bhaavai ||	What can the silly young bride do, if she is not pleasing to her Husband Lord?	(ਪਰ) ਅੰਞਾਣ ਜੀਵ-ਇਸਤ੍ਰੀ ਭੀ ਕੀਹ ਕਰ ਸਕਦੀ ਹੈ ਜੇ ਉਹ ਜੀਵ-ਇਸਤ੍ਰੀ ਖਸਮ-ਪ੍ਰਭੂ ਨੂੰ ਚੰਗੀ ਹੀ ਨਾਹ ਲੱਗੇ?
31067	722	ਕਰਣ ਪਲਾਹ ਕਰੇ ਬਹੁਤੇਰੇ ਸਾ ਧਨ ਮਹਲੁ ਨ ਪਾਵੈ॥		Karan Palaah Karae Bahuthaerae Saa Dhhan Mehal N Paavai ||	She may plead and implore so many times, but still, such a bride shall not obtain the Mansion of the Lord's Presence.	ਅਜੇਹੀ ਜੀਵ-ਇਸਤ੍ਰੀ ਭਾਵੇਂ ਕਿਤਨੇ ਹੀ ਤਰਲੇ ਪਈ ਕਰੇ, ਉਹ ਪਤੀ-ਪ੍ਰਭੂ ਦਾ ਮਹਲ-ਘਰ ਲੱਭ ਹੀ ਨਹੀਂ ਸਕਦੀ।

31068	722	ਵਿਣੁ ਕਰਮਾ ਕਿਛੁ ਪਾਈਐ ਨਾਹੀ ਜੇ ਬਹੁਤੇਰਾ ਧਾਵੈ॥		Vin Karamaa Kishh Paaeeai Naahee Jae Bahuthaeraa Dhhaavai ||	Without the karma of good deeds, nothing is obtained, although she may run around frantically.	(ਅਸਲ ਗੱਲ ਇਹ ਹੈ ਕਿ) ਜੀਵ-ਇਸਤ੍ਰੀ ਭਾਵੇਂ ਕਿਤਨੀ ਹੀ ਦੌੜ-ਭੱਜ ਕਰੇ, ਪ੍ਰਭੂ ਦੀ ਮੇਹਰ ਦੀ ਨਜ਼ਰ ਤੋਂ ਬਿਨਾ ਕੁਝ ਭੀ ਹਾਸਲ ਨਹੀਂ ਹੁੰਦਾ।
31069	722	ਲਬ ਲੋਭ ਅਹੰਕਾਰ ਕੀ ਮਾਤੀ ਮਾਇਆ ਮਾਹਿ ਸਮਾਣੀ॥	ਮਾਤੀ:ਕਸ ਕੇ	Lab Lobh Ahankaar Kee Maathee Maaeiaa Maahi Samaanee ||	She is intoxicated with greed, pride and egotism, and engrossed in Maya.	ਜੇ ਜੀਵ-ਇਸਤ੍ਰੀ ਜੀਭ ਦੇ ਚਸਕੇ ਲਾਲਚ ਤੇ ਅਹੰਕਾਰ (ਆਦਿਕ) ਵਿਚ ਹੀ ਮਸਤ ਰਹੇ, ਅਤੇ ਸਦਾ ਮਾਇਆ (ਦੇ ਮੋਹ) ਵਿਚ ਡੁੱਬੀ ਰਹੇ,
31070	722	ਇਨੀ ਬਾਤੀ ਸਹੁ ਪਾਈਐ ਨਾਹੀ ਭਈ ਕਾਮਣਿ ਇਆਣੀ॥੨॥	ਬਾਤੀਂ	Einee Baathee Sahu Paaeeai Naahee Bhee Kaaman Eiaanee ||2||	She cannot obtain her Husband Lord in these ways; the young bride is so foolish! ||2||	ਤਾਂ ਇਹਨੀਂ ਗੱਲੀਂ ਖਸਮ ਪ੍ਰਭੂ ਨਹੀਂ ਮਿਲਦਾ। ਉਹ ਜੀਵ-ਇਸਤ੍ਰੀ ਅੰਞਾਣ ਹੀ ਰਹੀ (ਜੋ ਵਿਕਾਰਾਂ ਵਿਚ ਭੀ ਮਸਤ ਰਹੇ ਤੇ ਫਿਰ ਭੀ ਸਮਝੇ ਕਿ ਉਹ ਪਤੀ-ਪ੍ਰਭੂ ਨੂੰ ਪ੍ਰਸੰਨ ਕਰ ਸਕਦੀ ਹੈ) ॥੨॥
31071	722	ਜਾਇ ਪੁਛਹੁ ਸੋਹਾਗਣੀ ਵਾਹੈ ਕਿਨੀ ਬਾਤੀ ਸਹੁ ਪਾਈਐ॥	(ਵਾਹੈ)ਪਾਸੋਂ	Jaae Pushhahu Sohaaganee Vaahai Kinee Baathee Sahu Paaeeai ||	Go and ask the happy, pure soul-brides, how did they obtain their Husband Lord?	(ਜਿਨ੍ਹਾਂ ਨੂੰ ਪਤੀ-ਪ੍ਰਭੂ ਮਿਲ ਪਿਆ ਹੈ, ਬੇਸ਼ਕ) ਉਹਨਾਂ ਸੁਹਾਗ ਭਾਗ ਵਾਲੀਆਂ ਨੂੰ ਜਾ ਕੇ ਪੁੱਛ ਵੇਖੋ ਕਿ ਕਿਹਨੀਂ ਗੱਲੀਂ ਖਸਮ-ਪ੍ਰਭੂ ਮਿਲਦਾ ਹੈ,

31072	722	ਜੋ ਕਿਛੁ ਕਰੇ ਸੋ ਭਲਾ ਕਰਿ ਮਾਨੀਐ ਹਿਕਮਤਿ ਹੁਕਮੁ ਚੁਕਾਈਐ॥		Jo Kishh Karae So Bhalaa Kar Maaneeai Hikamath Hukam Chukaaeeai ||	Whatever the Lord does, accept that as good; do away with your own cleverness and self-will.	(ਉਹ ਇਹੀ ਉੱਤਰ ਦੇਂਦੀਆਂ ਹਨ ਕਿ) ਚਲਾਕੀ ਤੇ ਧੱਕਾ ਛੱਡ ਦਿਉ, ਜੋ ਕੁਝ ਪ੍ਰਭੂ ਕਰਦਾ ਹੈ ਉਸ ਨੂੰ ਚੰਗਾ ਸਮਝ ਕੇ (ਸਿਰ ਮੱਥੇ ਤੇ) ਮੰਨੋ,
31073	722	ਜਾ ਕੈ ਪ੍ਰੇਮਿ ਪਦਾਰਥੁ ਪਾਈਐ ਤਉ ਚਰਣੀ ਚਿਤੁ ਲਾਈਐ॥		Jaa Kai Praem Padhaarathh Paaeeai Tho Charanee Chith Laaeeai ||	By His Love, true wealth is obtained; link your consciousness to His lotus feet.	ਜਿਸ ਪ੍ਰਭੂ ਦੇ ਪ੍ਰੇਮ ਦਾ ਸਦਕਾ ਨਾਮ-ਵਸਤ ਮਿਲਦੀ ਹੈ ਉਸ ਦੇ ਚਰਨਾਂ ਵਿਚ ਮਨ ਜੋੜੋ,
31074	722	ਸਹੁ ਕਹੈ ਸੋ ਕੀਜੈ ਤਨੁ ਮਨੋ ਦੀਜੈ ਐਸਾ ਪਰਮਲੁ ਲਾਈਐ॥		Sahu Kehai So Keejai Than Mano Dheejai Aisaa Paramal Laaeeai ||	As your Husband Lord directs, so you must act; surrender your body and mind to Him, and apply this perfume to yourself.	ਖਸਮ-ਪ੍ਰਭੂ ਜੋ ਹੁਕਮ ਕਰਦਾ ਹੈ ਉਹ ਕਰੋ, ਆਪਣਾ ਸਰੀਰ ਤੇ ਮਨ ਉਸ ਦੇ ਹਵਾਲੇ ਕਰੋ, ਬੱਸ! ਇਹ ਸੁਗੰਧੀ (ਜਿੰਦ ਵਾਸਤੇ) ਵਰਤੋ।
31075	722	ਏਵ ਕਹਹਿ ਸੋਹਾਗਣੀ ਭੈਣੇ ਇਨੀ ਬਾਤੀ ਸਹੁ ਪਾਈਐ॥੩॥		Eaev Kehehi Sohaaganee Bhainae Einee Baathee Sahu Paaeeai ||3||	So speaks the happy soul-bride, O sister; in this way, the Husband Lord is obtained. ||3||	ਸੋਹਾਗ ਭਾਗ ਵਾਲੀਆਂ ਇਹੀ ਆਖਦੀਆਂ ਹਨ ਕਿ ਹੇ ਭੈਣ! ਇਹਨੀਂ ਗੱਲੀਂ ਹੀ ਖਸਮ-ਪ੍ਰਭੂ ਮਿਲਦਾ ਹੈ ॥੩॥

31076	722	ਆਪੁ ਗਵਾਈਐ ਤਾ ਸਹੁ ਪਾਈਐ ਅਉਰੁ ਕੈਸੀ ਚਤੁਰਾਈ॥		Aap Gavaaeeai Thaa Sahu Paaeeai Aour Kaisee Chathuraaee ||	Give up your selfhood, and so obtain your Husband Lord; what other clever tricks are of any use?	ਖਸਮ-ਪ੍ਰਭੂ ਤਦੋਂ ਹੀ ਮਿਲਦਾ ਹੈ ਜਦੋਂ ਆਪਾ-ਭਾਵ ਦੂਰ ਕਰੀਏ। ਇਸ ਤੋਂ ਬਿਨਾ ਕੋਈ ਹੋਰ ਉੱਦਮ ਵਿਅਰਥ ਚਲਾਕੀ ਹੈ।
31077	722	ਸਹੁ ਨਦਰਿ ਕਰਿ ਦੇਖੈ ਸੋ ਦਿਨੁ ਲੇਖੈ ਕਾਮਣਿ ਨਉ ਨਿਧਿ ਪਾਈ॥		Sahu Nadhar Kar Dhaekhai So Dhin Laekhai Kaaman No Nidhh Paaee ||	When the Husband Lord looks upon the soul-bride with His Gracious Glance, that day is historic - the bride obtains the nine treasures.	(ਜ਼ਿੰਦਗੀ ਦਾ) ਉਹ ਦਿਨ ਸਫਲ ਜਾਣੋ ਜਦੋਂ ਪਤੀ-ਪ੍ਰਭੂ ਮੇਹਰ ਦੀ ਨਿਹਾਗ ਨਾਲ ਤੱਕੇ, (ਜਿਸ) ਜੀਵ-ਇਸਤ੍ਰੀ (ਵਲ ਮੇਹਰ ਦੀ) ਨਿਗਾਹ ਕਰਦਾ ਹੈ ਉਹ ਮਾਨੋ ਨੌ ਖ਼ਜ਼ਾਨੇ ਲੱਭ ਲੈਂਦੀ ਹੈ।
31078	722	ਆਪਣੇ ਕੰਤ ਪਿਆਰੀ ਸਾ ਸੋਹਾਗਣਿ ਨਾਨਕ ਸਾ ਸਭਰਾਈ॥	ਸਾਰੀਆਂ ਰਾਣੀਆਂ ਚੋਂ ਸਭਰਾਈ ਪਟਰਾਣੀ। ਸ਼ੁਭ ਗੁਣਾਂ ਸਭਰਾਈ ਭਰਾਵਾਂ ਸਹਿਤ	Aapanae Kanth Piaaree Saa Sohaagan Naanak Saa Sabharaaee ||	She who is loved by her Husband Lord, is the true soul-bride; O Nanak, she is the queen of all.	ਹੇ ਨਾਨਕ! ਜੇਹੜੀ ਜੀਵ-ਇਸਤ੍ਰੀ ਆਪਣੇ ਖਸਮ-ਪ੍ਰਭੂ ਨੂੰ ਪਿਆਰੀ ਹੈ ਉਹ ਸੁਹਾਗ ਭਾਗ ਵਾਲੀ ਹੈ ਉਹ (ਜਗਤ-) ਪਰਵਾਰ ਵਿਚ ਆਦਰ-ਮਾਣ ਪ੍ਰਾਪਤ ਕਰਦੀ ਹੈ।
31079	722	ਐਸੈ ਰੰਗਿ ਰਾਤੀ ਸਹਜ ਕੀ ਮਾਤੀ ਅਹਿ ਨਿਸਿ ਭਾਇ ਸਮਾਣੀ॥	ਮੱਤੀ	Aisae Rang Raathee Sehaj Kee Maathee Ahinis Bhaae Samaanee ||	Thus she is imbued with His Love, intoxicated with delight; day and night, she is absorbed in His Love.	ਜੇਹੜੀ ਪ੍ਰਭੂ ਦੇ ਪਿਆਰ-ਰੰਗ ਵਿਚ ਰੰਗੀ ਰਹਿੰਦੀ ਹੈ, ਜੇਹੜੀ ਅਡੋਲਤਾ ਵਿਚ ਮਸਤ ਰਹਿੰਦੀ ਹੈ, ਜੇਹੜੀ ਦਿਨ ਰਾਤ ਪ੍ਰਭੂ ਦੇ ਪ੍ਰੇਮ ਵਿਚ ਮਗਨ ਰਹਿੰਦੀ ਹੈ,

31080	722	ਸੁੰਦਰਿ ਸਾਇ ਸਰੂਪ ਬਿਚਖਣਿ ਕਹੀਐ ਸਾ ਸਿਆਣੀ॥੪॥੨॥੪॥	ਬਿ-ਚੱਖਣਿ	Sundhar Saae Saroop Bichakhan Keheeai Saa Siaanee ||4||2||4||	She is beautiful, glorious and brilliant; she is known as truly wise. ||4||2||4||	ਉਹੀ ਸੋਹਣੀ ਹੈ ਸੋਹਣੇ ਰੂਪ ਵਾਲੀ ਹੈ ਅਕਲ ਵਾਲੀ ਹੈ ਤੇ ਸਿਆਣੀ ਕਹੀ ਜਾਂਦੀ ਹੈ ॥੪॥੨॥੪॥
31081	722	ਤਿਲੰਗ ਮਹਲਾ ੧॥		Thilang Mehalaa 1 ||	Tilang, First Mehl:	
31082	722	ਜੈਸੀ ਮੈ ਆਵੈ ਖਸਮ ਕੀ ਬਾਣੀ ਤੈਸੜਾ ਕਰੀ ਗਿਆਨੁ ਵੇ ਲਾਲੋ॥		Jaisee Mai Aavai Khasam Kee Baanee Thaisarraa Karee Giaan Vae Laalo ||	As the Word of the Forgiving Lord comes to me, so do I express it, O Lalo.	ਹੇ (ਭਾਈ) ਲਾਲੋ! ਮੈਨੂੰ ਜਿਹੋ ਜਿਹੀ ਖਸਮ-ਪ੍ਰਭੂ ਵਲੋਂ ਪ੍ਰੇਰਨਾ ਆਈ ਹੈ ਉਸੇ ਅਨੁਸਾਰ ਮੈਂ ਤੈਨੂੰ (ਉਸ ਦੂਰ-ਘਟਨਾ ਦੀ) ਵਾਕਫ਼ੀਅਤ ਦੇਂਦਾ ਹਾਂ (ਜੋ ਇਸ ਸ਼ਹਿਰ ਸ਼ੈਦਪੁਰ ਵਿਚ ਵਾਪਰੀ ਹੈ)।
31083	722	ਪਾਪ ਕੀ ਜੰਞ ਲੈ ਕਾਬਲਹੁ ਧਾਇਆ ਜੋਰੀ ਮੰਗੈ ਦਾਨੁ ਵੇ ਲਾਲੋ॥		Paap Kee Jannj Lai Kaabalahu Dhhaaeiaa Joree Mangai Dhaan Vae Laalo ||	Bringing the marriage party of sin, Babar has invaded from Kaabul, demanding our land as his wedding gift, O Lalo.	(ਬਾਬਰ) ਕਾਬਲ ਤੋਂ (ਫ਼ੌਜ ਜੋ, ਮਾਨੋ) ਪਾਪ-ਜ਼ੁਲਮ ਦੀ ਜੰਞ (ਹੈ) ਇਕੱਠੀ ਕਰ ਕੇ ਆ ਚੜ੍ਹਿਆ ਹੈ, ਅਤੇ ਜ਼ੋਰ-ਧੱਕੇ ਨਾਲ ਹਿੰਦ-ਦੀ-ਹਕੂਮਤ ਰੂਪ ਕੰਨਿਆ-ਦਾਨ ਮੰਗ ਰਿਹਾ ਹੈ।

31084	722	ਸਰਮੁ ਧਰਮੁ ਦੁਇ ਛਪਿ ਖਲੋਏ ਕੂੜੁ ਫਿਰੈ ਪਰਧਾਨੁ ਵੇ ਲਾਲੋ॥		Saram Dhharam Dhue Shhap Khaloeae Koorr Firai Paradhhaan Vae Laalo ||	Modesty and righteousness both have vanished, and falsehood struts around like a leader, O Lalo.	(ਸੈਦਪੁਰ ਵਿਚੋਂ) ਹਯਾ ਤੇ ਧਰਮ ਦੋਵੇਂ ਲੋਪ ਹੋ ਚੁਕੇ ਹਨ, ਝੂਠ ਹੀ ਝੂਠ ਚੌਧਰੀ ਬਣਿਆ ਫਿਰਦਾ ਹੈ।
31085	722	ਕਾਜੀਆ ਬਾਮਣਾ ਕੀ ਗਲ ਥਕੀ ਅਗਦੁ ਪੜੈ ਸੈਤਾਨੁ ਵੇ ਲਾਲੋ॥	(ਥੱਕੀ)ਮੁੱਕ ਗਈ। (ਅਗਦੁ) ਨਿਕਾਹ। (ਸੈਤਾਨੁ)ਕਾਮ। ਕਾਜੀਆਂ:ਪੋਲਾ ਬੋਲੋ। ਗੱਲ,ਥੱਕੀ, ਪੜੈ	Kaajeeaa Baamanaa Kee Gal Thhakee Agadh Parrai Saithaan Vae Laalo ||	The Qazis and the Brahmins have lost their roles, and Satan now conducts the marriage rites, O Lalo.	(ਬਾਬਰ ਦੇ ਸਿਪਾਹੀਆਂ ਵਲੋਂ ਸੈਦਪੁਰ ਦੀਆਂ ਇਸਤ੍ਰੀਆਂ ਉਤੇ ਇਤਨੇ ਅੱਤਿਆਚਾਰ ਹੋ ਰਹੇ ਹਨ ਕਿ, ਮਾਨੋ) ਸ਼ੈਤਾਨ (ਇਸ ਸ਼ਹਿਰ ਵਿਚ) ਵਿਆਹ ਪੜ੍ਹਾ ਰਿਹਾ ਹੈ ਤੇ ਕਾਜ਼ੀਆਂ ਅਤੇ ਬ੍ਰਾਹਮਣਾਂ ਦੀ (ਸਾਊਆਂ ਵਾਲੀ) ਮਰਯਾਦਾ ਮੁੱਕ ਚੁਕੀ ਹੈ।
31086	722	ਮੁਸਲਮਾਨੀਆ ਪੜਹਿ ਕਤੇਬਾ ਕਸਟ ਮਹਿ ਕਰਹਿ ਖੁਦਾਇ ਵੇ ਲਾਲੋ॥		Musalamaaneeaa Parrehi Kathaebaa Kasatt Mehi Karehi Khudhaae Vae Laalo ||	The Muslim women read the Koran, and in their misery, they call upon God, O Lalo.	ਮੁਸਲਮਾਨ ਔਰਤਾਂ (ਭੀ ਇਸ ਜ਼ੁਲਮ ਦਾ ਸ਼ਿਕਾਰ ਹੋ ਰਹੀਆਂ ਹਨ ਜੋ) ਇਸ ਬਿਪਤਾ ਵਿਚ (ਆਪਣੀ ਧਰਮ-ਪੁਸਤਕ) ਕੁਰਾਨ (ਦੀਆਂ ਆਇਤਾਂ) ਪੜ੍ਹ ਰਹੀਆਂ ਹਨ ਤੇ ਖ਼ੁਦਾ ਅੱਗੇ ਪੁਕਾਰ ਕਰ ਰਹੀਆਂ ਹਨ।

31087	722	ਜਾਤਿ ਸਨਾਤੀ ਹੋਰਿ ਹਿਦਵਾਣੀਆ ਏਹਿ ਭੀ ਲੇਖੈ ਲਾਇ ਵੇ ਲਾਲੋ॥		Jaath Sanaathee Hor Hidhavaaneeaa Eaehi Bhee Laekhai Laae Vae Laalo ||	The Hindu women of high social status, and others of lowly status as well, are put into the same category, O Lalo.	ਉੱਚੀਆਂ ਜਾਤਾਂ ਦੀਆਂ, ਨੀਵੀਆਂ ਜਾਤਾਂ ਦੀਆਂ ਅਤੇ ਹੋਰ ਭੀ ਸਭ ਹਿੰਦੂ ਇਸਤ੍ਰੀਆਂ-ਇਹਨਾਂ ਸਾਰੀਆਂ ਉਤੇ ਇਹੀ ਅੱਤਿਆਚਾਰ ਹੋ ਰਹੇ ਹਨ।
31088	723	ਖੂਨ ਕੇ ਸੋਹਿਲੇ ਗਾਵੀਅਹਿ ਨਾਨਕ ਰਤੁ ਕਾ ਕੁੰਗੂ ਪਾਇ ਵੇ ਲਾਲੋ॥੧॥		Khoon Kae Sohilae Gaaveeahi Naanak Rath Kaa Kungoo Paae Vae Laalo ||1||	The wedding songs of murder are sung, O Nanak, and blood is sprinkled instead of saffron, O Lalo. ||1||	ਹੇ ਨਾਨਕ! (ਇਸ ਖ਼ੂਨੀ ਵਿਆਹ ਵਿਚ ਸੈਦਪੁਰ ਨਗਰ ਦੇ ਅੰਦਰ ਹਰ ਪਾਸੇ) ਵਿਰਲਾਪ ਹੋ ਰਹੇ ਹਨ ਤੇ ਲਹੂ ਦਾ ਕੇਸਰ ਛਿੜਕਿਆ ਜਾ ਰਿਹਾ ਹੈ ॥੧॥
31089	723	ਸਾਹਿਬ ਕੇ ਗੁਣ ਨਾਨਕੁ ਗਾਵੈ ਮਾਸ ਪੁਰੀ ਵਿਚਿ ਆਖੁ ਮਸੋਲਾ॥		Saahib Kae Gun Naanak Gaavai Maas Puree Vich Aakh Masolaa ||	Nanak sings the Glorious Praises of the Lord and Master in the city of corpses, and voices this account.	(ਸੈਦਪੁਰ ਦੀ ਕਤਲਾਮ ਦੀ ਇਹ ਦੁਰ-ਘਟਨਾ ਬੜੀ ਭਿਆਨਕ ਹੈ, ਪਰ ਇਹ ਭੀ ਠੀਕ ਹੈ ਕਿ ਜਗਤ ਵਿਚ ਸਭ ਕੁਝ ਮਾਲਕ-ਪ੍ਰਭੂ ਦੀ ਰਜ਼ਾ ਵਿਚ ਹੋ ਰਿਹਾ ਹੈ, ਇਸ ਵਾਸਤੇ) ਲੋਥਾਂ-ਭਰੇ ਇਸ ਸ਼ਹਿਰ ਵਿਚ ਬੈਠ ਕੇ ਭੀ ਨਾਨਕ ਉਸ ਮਾਲਕ-ਪ੍ਰਭੂ ਦੇ ਗੁਣ ਹੀ ਗਾਂਦਾ ਹੈ,

31090	723	ਜਿਨਿ ਉਪਾਈ ਰੰਗਿ ਰਵਾਈ ਬੈਠਾ ਵੇਖੈ ਵਖਿ ਇਕੇਲਾ॥		Jin Oupaaee Rang Ravaaee Baithaa Vaekhai Vakh Eikaelaa ||	The One who created, and attached the mortals to pleasures, sits alone, and watches this.	(ਹੇ ਭਾਈ ਲਾਲੋ! ਤੂੰ ਭੀ ਇਸ) ਅਟੱਲ ਨਿਯਮ ਨੂੰ ਉਚਾਰ (ਚੇਤੇ ਰੱਖ ਕਿ) ਜਿਸ ਮਾਲਕ-ਪ੍ਰਭੂ ਨੇ (ਇਹ ਸ੍ਰਿਸ਼ਟੀ) ਪੈਦਾ ਕੀਤੀ ਹੈ, ਉਸੇ ਨੇ ਇਸ ਨੂੰ ਮਾਇਆ ਦੇ ਮੋਹ ਵਿਚ ਪਰਵਿਰਤ ਕੀਤਾ ਹੋਇਆ ਹੈ, ਉਹ ਆਪ ਹੀ ਨਿਰਲੇਪ ਰਹਿ ਕੇ (ਉਹਨਾਂ ਦੁਰ-ਘਟਨਾਵਾਂ ਨੂੰ) ਵੇਖ ਰਿਹਾ ਹੈ (ਜੋ ਮਾਇਆ ਦੇ ਮੋਹ ਦੇ ਕਾਰਨ ਵਾਪਰਦੀਆਂ ਹਨ)।
31091	723	ਸਚਾ ਸੋ ਸਾਹਿਬੁ ਸਚੁ ਤਪਾਵਸੁ ਸਚੜਾ ਨਿਆਉ ਕਰੇਗੁ ਮਸੋਲਾ॥	(ਮਸੋਲਾ)ਮਸਲਾ ਜਾਂ ਸਲਾਹ। ਕਰੇ–ਗੁ	Sachaa So Saahib Sach Thapaavas Sacharraa Niaao Karaeg Masolaa ||	The Lord and Master is True, and True is His justice. He issues His Commands according to His judgement.	ਉਹ ਮਾਲਕ-ਪ੍ਰਭੂ ਅਟੱਲ ਨਿਯਮਾਂ ਵਾਲਾ ਹੈ, ਉਸ ਦਾ ਨਿਆਉਂ (ਹੁਣ ਤਕ) ਅਟੱਲ ਹੈ, ਉਹ (ਅਗਾਂਹ ਨੂੰ ਭੀ) ਅਟੱਲ ਨਿਯਮ ਵਰਤਾਇਗਾ ਉਹੀ ਨਿਆਉਂ ਕਰੇਗਾ ਜੋ ਅਟੱਲ ਹੈ।
31092	723	ਕਾਇਆ ਕਪੜੁ ਟੁਕੁ ਟੁਕੁ ਹੋਸੀ ਹਿਦੁਸਤਾਨੁ ਸਮਾਲਸੀ ਬੋਲਾ॥	ਕੱਪੜੁ। ਟੁੱਕੁ। ਟੁੱਕੁ। ਹੋੱਸੀ। ਬੋੱਲਾ	Kaaeiaa Kaparr Ttuk Ttuk Hosee Hidhusathaan Samaalasee Bolaa ||	The body-fabric will be torn apart into shreds, and then India will remember these words.	(ਉਸ ਅਟੱਲ ਨਿਯਮ ਅਨੁਸਾਰ ਹੀ ਇਸ ਵੇਲੇ ਸੈਦਪੁਰ ਵਿਚ ਹਰ ਪਾਸੇ) ਮਨੁੱਖਾ ਸਰੀਰ-ਰੂਪ ਕੱਪੜਾ ਟੋਟੇ ਟੋਟੇ ਹੋ ਰਿਹਾ ਹੈ। ਇਹ ਇਕ ਐਸੀ ਭਿਆਨਕ ਘਟਨਾ ਹੋਈ ਹੈ ਜਿਸ ਨੂੰ ਹਿੰਦੁਸਤਾਨ ਭੁਲਾ ਨਹੀਂ ਸਕੇਗਾ।

31093	723	ਆਵਨਿ ਅਠਤਰੈ ਜਾਨਿ ਸਤਾਨਵੈ ਹੋਰੁ ਭੀ ਉਠਸੀ ਮਰਦ ਕਾ ਚੇਲਾ॥	(ਅਠਤਰੈ)ਬਿਕ੍ਰਮੀ ੧੫੨੮ ਚ ਬਾਬਰ ਆਵੇਗਾ।੧੫੯੭ ਅਤੇ ੧੭੯੭ ਬਿਕ੍ਰਮੀ ਚ ਮੁਗਲਾਂ ਦਾ ਰਾਜ ਚਲਾ ਜਾਵੇਗਾ, ਮਰਦ ਗੁਰੁ ਗੋਬਿੰਦ ਸਿੰਘ ਸਾਹਿਬ ਜੀ, ਚੇਲਾ ਖ਼ਾਲਸਾ ਪੰਥ ਉੱਠੇਗਾ (ਇਹ ਵਰਤਾਰਾ ਵਰਤ ਚੁੱਕਾ ਹੈ) ਅਠੱਤਰੈ	Aavan Athatharai Jaan Sathaanavai Hor Bhee Outhasee Maradh Kaa Chaelaa ||	Coming in seventy-eight (1521 A.D.), they will depart in ninety-seven (1540 A.D.), and then another disciple of man will rise up.	(ਪਰ ਹੇ ਭਾਈ ਲਾਲੋ! ਜਦ ਤਕ ਮਨੁੱਖ ਮਾਇਆ ਦੇ ਮੋਹ ਵਿਚ ਪਰਵਿਰਤ ਹਨ, ਅਜੇਹੇ ਘੱਲੂ-ਘਾਰੇ ਵਾਪਰਦੇ ਹੀ ਰਹਿਣੇ ਹਨ, ਮੁਗ਼ਲ ਅੱਜ) ਸੰਮਤ ਅਠੱਤਰ ਵਿਚ ਆਏ ਹਨ, ਇਹ ਸੰਮਤ ਸਤਾਨਵੇ ਵਿਚ ਚਲੇ ਜਾਣਗੇ, ਕੋਈ ਹੋਰ ਸੂਰਮਾ ਭੀ ਉੱਠ ਖੜਾ ਹੋਵੇਗਾ।
31094	723	ਸਚ ਕੀ ਬਾਣੀ ਨਾਨਕੁ ਆਖੈ ਸਚੁ ਸੁਣਾਇਸੀ ਸਚ ਕੀ ਬੇਲਾ॥੨॥੩॥੫॥	(ਬੇਲਾ)ਸਮਾਂ।ਬੇਲਾ ਕਸਕੇ ਬੋਲਣ ਨਾਲ ਜੰਗਲ਼ ਅਰਥ ਬਣੇਗਾ। ਬੇਲਾ:ਪੋਲਾ ਬੋਲੋ ਜੀ	Sach Kee Baanee Naanak Aakhai Sach Sunaaeisee Sach Kee Baelaa ||2||3||5||	Nanak speaks the Word of Truth; he proclaims the Truth at this, the right time. ||2||3||5||	(ਜੀਵ ਮਾਇਆ ਦੇ ਰੰਗ ਵਿਚ ਮਸਤ ਹੋ ਕੇ ਉਮਰ ਅਜਾਈਂ ਗਵਾ ਰਹੇ ਹਨ) ਨਾਨਕ ਤਾਂ (ਇਸ ਵੇਲੇ ਭੀ) ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ, (ਸਾਰੀ ਉਮਰ ਹੀ) ਇਹ ਸਿਫ਼ਤਿ-ਸਾਲਾਹ ਕਰਦਾ ਰਹੇਗਾ, ਕਿਉਂਕਿ ਇਹ ਮਨੁੱਖਾ ਜਨਮ ਦਾ ਸਮਾ ਸਿਫ਼ਤਿ-ਸਾਲਾਹ ਵਾਸਤੇ ਹੀ ਮਿਲਿਆ ਹੈ ॥੨॥੩॥੫॥
31095	723	ਤਿਲੰਗ ਮਹਲਾ ੪ ਘਰੁ ੨		Thilang Mehalaa 4 Ghar 2	Tilang, Fourth Mehl, Second House:	ਰਾਗ ਤਿਲੰਗ, ਘਰ ੨ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।

31096	723	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31097	723	ਸਭਿ ਆਏ ਹੁਕਮਿ ਖਸਮਾਹੁ ਹੁਕਮਿ ਸਭ ਵਰਤਨੀ॥		Sabh Aaeae Hukam Khasamaahu Hukam Sabh Varathanee ||	Everyone comes by Command of the Lord and Master. The Hukam of His Command extends to all.	ਹੇ ਭਾਈ! ਸਾਰੇ ਜੀਵ ਹੁਕਮ ਅਨੁਸਾਰ ਖਸਮ-ਪ੍ਰਭੂ ਤੋਂ ਹੀ ਜਗਤ ਵਿਚ ਆਏ ਹਨ, ਸਾਰੀ ਲੁਕਾਈ ਉਸ ਦੇ ਹੁਕਮ ਵਿਚ (ਹੀ) ਕੰਮ ਕਰ ਰਹੀ ਹੈ।
31098	723	ਸਚੁ ਸਾਹਿਬੁ ਸਾਚਾ ਖੇਲੁ ਸਭੁ ਹਰਿ ਧਨੀ॥੧॥	ਖੇਲੁ	Sach Saahib Saachaa Khael Sabh Har Dhhanee ||1||	True is the Lord and Master, and True is His play. The Lord is the Master of all. ||1||	ਉਹ ਮਾਲਕ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦਾ (ਰਚਿਆ ਜਗਤ-) ਤਮਾਸ਼ਾ ਅਟੱਲ (ਨਿਯਮਾਂ ਵਾਲਾ ਹੈ)। ਹਰ ਥਾਂ ਉਹ ਮਾਲਕ ਆਪ ਮੌਜੂਦ ਹੈ ॥੧॥
31099	723	ਸਾਲਾਹਿਹੁ ਸਚੁ ਸਭ ਊਪਰਿ ਹਰਿ ਧਨੀ॥	ਸਾਲਾ-ਹਿਹੁ	Saalaahihu Sach Sabh Oopar Har Dhhanee ||	So praise the True Lord; the Lord is the Master over all.	ਹੇ ਭਾਈ! ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ ਕਰਿਆ ਕਰੋ। ਉਹ ਹਰੀ ਸਭ ਦੇ ਉਪਰ ਹੈ ਤੇ ਮਾਲਕ ਹੈ।
31100	723	ਜਿਸੁ ਨਾਹੀ ਕੋਇ ਸਰੀਕੁ ਕਿਸੁ ਲੇਖੈ ਹਉ ਗਨੀ॥ਰਹਾਉ॥		Jis Naahee Koe Sareek Kis Laekhai Ho Ganee || Rehaao ||	No one is equal to Him; am I of any account? ||Pause||	ਜਿਸ ਹਰੀ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ, ਮੈਂ ਕਿਸ ਗਿਣਤੀ ਵਿਚ ਹਾਂ ਕਿ ਉਸ ਦੇ ਗੁਣ ਬਿਆਨ ਕਰ ਸਕਾਂ? ਰਹਾਉ॥

31101	723	ਪਉਣੁ ਪਾਣੀ ਧਰਤੀ ਆਕਾਸੁ ਘਰ ਮੰਦਰ ਹਰਿ ਬਨੀ॥		Poun Paanee Dhharathee Aakaas Ghar Mandhar Har Banee ||	Air, water, earth and sky - the Lord has made these His home and temple.	ਹੇ ਭਾਈ! ਹਵਾ, ਪਾਣੀ, ਧਰਤੀ ਆਕਾਸ਼-ਇਹ ਸਾਰੇ ਪਰਮਾਤਮਾ ਦੇ (ਰਹਿਣ ਵਾਸਤੇ) ਘਰ ਮੰਦਰ ਬਣੇ ਹੋਏ ਹਨ।
31102	723	ਵਿਚਿ ਵਰਤੈ ਨਾਨਕ ਆਪਿ ਝੂਠੁ ਕਹੁ ਕਿਆ ਗਨੀ॥੨॥੧॥		Vich Varathai Naanak Aap Jhooth Kahu Kiaa Ganee ||2||1||	He Himself is pervading everywhere, O Nanak. Tell me: what can be counted as false? ||2||1||	ਹੇ ਨਾਨਕ! ਇਹਨਾਂ ਸਭਨਾਂ ਵਿਚ ਪਰਮਾਤਮਾ ਆਪ ਵੱਸ ਰਿਹਾ ਹੈ। ਦੱਸੋ, ਇਹਨਾਂ ਵਿਚੋਂ ਕਿਸ ਨੂੰ ਮੈਂ ਅਸੱਤ ਆਖਾਂ? ॥੨॥੧॥
31103	723	ਤਿਲੰਗ ਮਹਲਾ ੪॥		Thilang Mehalaa 4 ||	Tilang, Fourth Mehl:	
31104	723	ਨਿਤ ਨਿਹਫਲ ਕਰਮ ਕਮਾਇ ਬਫਾਵੈ ਦੁਰਮਤੀਆ॥	(ਬਫਾਵੈ)ਮਾਣ ਕਰਦਾ ਹੈ।ਦੁਰਮੱਤੀਆ	Nith Nihafal Karam Kamaae Bafaavai Dhuramatheeaa ||	The evil-minded person continually does fruitless deeds, all puffed up with pride.	ਹੇ ਮੇਰੇ ਮਨ! ਖੋਟੀ ਬੁਧਿ ਵਾਲਾ ਮਨੁੱਖ ਸਦਾ ਉਹ ਕੰਮ ਕਰਦਾ ਰਹਿੰਦਾ ਹੈ ਜਿਨ੍ਹਾਂ ਤੋਂ ਕੋਈ ਲਾਭ ਨਹੀਂ ਹੁੰਦਾ, (ਫਿਰ ਭੀ ਅਜੇਹੇ ਵਿਅਰਥ ਕੰਮ ਕਰ ਕੇ) ਲਾਫ਼ਾਂ ਮਾਰਦਾ ਰਹਿੰਦਾ ਹੈ।
31105	723	ਜਬ ਆਨੈ ਵਲ ਵੰਚ ਕਰਿ ਝੂਠੁ ਤਬ ਜਾਨੈ ਜਗੁ ਜਿਤੀਆ॥੧॥	ਜਿੱਤੀਆ	Jab Aanai Valavanch Kar Jhooth Thab Jaanai Jag Jitheeaa ||1||	When he brings home what he has acquired, by practicing deception and falsehood, he thinks that he has conquered the world. ||1||	ਜਦੋਂ ਕੋਈ ਠੱਗੀ ਕਰ ਕੇ, ਕੋਈ ਝੂਠ ਬੋਲ ਕੇ (ਕੁਝ ਧਨ-ਮਾਲ) ਲੈ ਆਉਂਦਾ ਹੈ, ਤਦੋਂ ਸਮਝਦਾ ਹੈ ਕਿ ਮੈਂ ਦੁਨੀਆ ਨੂੰ ਜਿੱਤ ਲਿਆ ਹੈ ॥੧॥

31106	723	ਐਸਾ ਬਾਜੀ ਸੈਸਾਰੁ ਨ ਚੇਤੈ ਹਰਿ ਨਾਮਾ॥		Aisaa Baajee Saisaar N Chaethai Har Naamaa ||	Such is the drama of the world, that he does not contemplate the Lord's Name.	ਹੇ ਮੇਰੇ ਮਨ! ਜਗਤ ਇਹੋ ਜਿਹਾ ਹੈ ਜਿਵੇਂ ਇਕ ਖੇਡ ਹੁੰਦੀ ਹੈ, ਇਹ ਸਾਰਾ ਨਾਸਵੰਤ ਹੈ,
31107	723	ਖਿਨ ਮਹਿ ਬਿਨਸੈ ਸਭੁ ਝੂਠੁ ਮੇਰੇ ਮਨ ਧਿਆਇ ਰਾਮਾ॥ਰਹਾਉ॥		Khin Mehi Binasai Sabh Jhooth Maerae Man Dhhiaae Raamaa || Rehaao ||	In an instant, all this false play shall perish; O my mind, meditate on the Lord. ||Pause||	ਇਕ ਛਿਨ ਵਿਚ ਨਾਸ ਹੋ ਜਾਂਦਾ ਹੈ (ਪਰ ਖੋਟੀ ਮਤਿ ਵਾਲਾ ਮਨੁੱਖ ਫਿਰ ਭੀ) ਪਰਮਾਤਮਾ ਦਾ ਨਾਮ ਨਹੀਂ ਸਿਮਰਦਾ। ਹੇ ਮੇਰੇ ਮਨ! ਤੂੰ ਤਾਂ ਪਰਮਾਤਮਾ ਦਾ ਧਿਆਨ ਧਰਦਾ ਰਹੁ ਰਹਾਉ॥
31108	723	ਸਾ ਵੇਲਾ ਚਿਤਿ ਨ ਆਵੈ ਜਿਤੁ ਆਇ ਕੰਟਕੁ ਕਾਲੁ ਗ੍ਰਸੈ॥		Saa Vaelaa Chith N Aavai Jith Aae Kanttak Kaal Grasai ||	He does not think of that time, when Death, the Torturer, shall come and seize him.	ਹੇ ਮੇਰੇ ਮਨ! ਖੋਟੀ ਮਤਿ ਵਾਲੇ ਮਨੁੱਖ ਨੂੰ ਉਹ ਵੇਲਾ (ਕਦੇ) ਯਾਦ ਨਹੀਂ ਆਉਂਦਾ, ਜਦੋਂ ਦੁਖਦਾਈ ਕਾਲ ਆ ਕੇ ਫੜ ਲੈਂਦਾ ਹੈ।
31109	723	ਤਿਸੁ ਨਾਨਕ ਲਏ ਛਡਾਇ ਜਿਸੁ ਕਿਰਪਾ ਕਰਿ ਹਿਰਦੈ ਵਸੈ॥੨॥੨॥		This Naanak Leae Shhaddaae Jis Kirapaa Kar Hiradhai Vasai ||2||2||	O Nanak, the Lord saves that one, within whose heart the Lord, in His Kind Mercy, dwells. ||2||2||	ਹੇ ਨਾਨਕ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਮੇਹਰ ਕਰ ਕੇ ਆ ਵੱਸਦਾ ਹੈ, ਉਸ ਨੂੰ (ਮੌਤ ਦੇ ਡਰ ਤੋਂ) ਛਡਾ ਲੈਂਦਾ ਹੈ ॥੨॥੨॥
31110	723	ਤਿਲੰਗ ਮਹਲਾ ੫ ਘਰੁ ੧		Thilang Mehalaa 5 Ghar 1	Tilang, Fifth Mehl, First House:	ਰਾਗ ਤਿਲੰਗ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

31111	723	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31112	723	ਖਾਕ ਨੂਰ ਕਰਦੰ ਆਲਮ ਦੁਨੀਆਇ॥	(ਖਾਕ)ਮਿੱਟੀ। (ਨੂਰ)ਪ੍ਰਕਾਸ਼। (ਕਰਦੰ)ਪਉਣਾ ਕੀਤਾ ਹੈ। (ਆਲਮ)ਸੰਸਾਰ। ਦੁਨੀ-ਆਇ	Khaak Noor Karadhan Aalam Dhuneeaae ||	The Lord infused His Light into the dust, and created the world, the universe.	ਹੇ ਭਾਈ! ਚੇਤਨ ਜੋਤਿ ਅਤੇ ਅਚੇਤਨ ਮਿੱਟੀ ਮਿਲਾ ਕੇ ਪਰਮਾਤਮਾ ਨੇ ਇਹ ਜਗਤ ਇਹ ਜਹਾਨ ਬਣਾ ਦਿੱਤਾ ਹੈ।
31113	723	ਅਸਮਾਨ ਜਿਮੀ ਦਰਖਤ ਆਬ ਪੈਦਾਇਸਿ ਖੁਦਾਇ॥੧॥	ਆਬ ਪਾਣੀ। ਖੁਦਾਇਖ਼ੁਦਾਜੀ ਨੇ। ਦ-ਰੱਖਤ	Asamaan Jimee Dharakhath Aab Paidhaaeis Khudhaae ||1||	The sky, the earth, the trees, and the water - all are the Creation of the Lord. ||1||	ਆਸਮਾਨ, ਧਰਤੀ, ਰੁੱਖ, ਪਾਣੀ (ਆਦਿਕ ਇਹ ਸਭ ਕੁਝ) ਪਰਮਾਤਮਾ ਦੀ ਰਚਨਾ ਹੈ ॥੧॥
31114	723	ਬੰਦੇ ਚਸਮ ਦੀਦੰ ਫਨਾਇ॥	(ਚਸਮ)ਅੱਖਾਂ ਨਾਲ। (ਦੀਦੰ)ਦੇਖਦਾ ਹੈਂ। (ਫਨਾਇ)ਨਾਸਵੰਤ ਹੈ	Bandhae Chasam Dheedhan Fanaae ||	O human being, whatever you can see with your eyes, shall perish.	ਹੇ ਮਨੁੱਖ! ਜੋ ਕੁਝ ਤੂੰ ਅੱਖੀਂ ਵੇਖਦਾ ਹੈਂ ਨਾਸਵੰਤ ਹੈ।
31115	723	ਦੁਨੀਆ ਮੁਰਦਾਰ ਖੁਰਦਨੀ ਗਾਫਲ ਹਵਾਇ॥ਰਹਾਉ॥	(ਖੁਰਦਨੀ)ਖਾਂਦੀ ਹੈ। (ਗਾਫਲ)ਬੇਸਮਝ ਭੁੱਲਣਹਾਰ। (ਹਵਾਇ)ਇੱਛਾ	Dhunanaeeaa Muradhaar Khuradhanee Gaafal Havaae || Rehaao ||	The world eats dead carcasses, living by neglect and greed. ||Pause||	ਪਰ ਦੁਨੀਆ (ਮਾਇਆ ਦੇ) ਲਾਲਚ ਵਿਚ (ਪਰਮਾਤਮਾ ਵਲੋਂ) ਭੁੱਲੀ ਹੋਈ ਹੈ, ਤੇ, ਹਰਾਮ ਖਾਂਦੀ ਰਹਿੰਦੀ ਹੈ (ਪਰਾਇਆ ਹੱਕ ਖੋਹਦੀ ਰਹਿੰਦੀ ਹੈ) ਰਹਾਉ॥

31116	723	ਗੈਬਾਨ ਹੈਵਾਨ ਹਰਾਮ ਕੁਸਤਨੀ ਮੁਰਦਾਰ ਬਖੋਰਾਇ॥	(ਗੈਬਾਨ)ਭੂਤਨਾ। (ਹੈਵਾਨ)ਪਸ਼ੂ। (ਕੁਸਤਨੀ)ਕੋਹਣ ਮਾਰਨ ਵਾਲੇ। (ਬਖੋਰਾਇ)ਖਾਂਦਾ ਹੈ	Gaibaan Haivaan Haraam Kusathanee Muradhaar Bakhoraae ||	Like a goblin, or a beast, they kill and eat the forbidden carcasses of meat.	ਹੇ ਭਾਈ! ਗ਼ਾਫ਼ਲ ਮਨੁੱਖ ਭੂਤਾਂ ਪ੍ਰੇਤਾਂ ਪਸ਼ੂਆਂ ਵਾਂਗ ਹਰਾਮ ਮਾਰ ਕੇ ਹਰਾਮ ਖਾਂਦਾ ਹੈ।
31117	723	ਦਿਲ ਕਬਜ ਕਬਜਾ ਕਾਦਰੋ ਦੋਜਕ ਸਜਾਇ॥੨॥	(ਕਬਜ)ਕਬਜਾ ਕਰਨ ਵਾਲੀ ਮਾਇਆ ਨੇ ਦਿਲ ਨੂੰ ਕਬਜ਼ੇ ਕਰ ਲਿਆ ਹੈ। (ਦੋਜਕ)ਨਰਕ ਦੀ। (ਸਜਾਇ)ਸਜ਼ਾ ਮਿਲੇਗੀ	Dhil Kabaj Kabajaa Kaadharo Dhojak Sajaae ||2||	So control your urges, or else you will be seized by the Lord, and thrown into the tortures of hell. ||2||	ਇਸ ਦੇ ਦਿਲ ਉਤੇ (ਮਾਇਆ ਦਾ) ਮੁਕੰਮਲ ਕਬਜ਼ਾ ਹੋਇਆ ਰਹਿੰਦਾ ਹੈ, ਪਰਮਾਤਮਾ ਇਸ ਨੂੰ ਦੋਜ਼ਕ ਦੀ ਸਜ਼ਾ ਦੇਂਦਾ ਹੈ ॥੨॥
31118	723	ਵਲੀ ਨਿਆਮਤਿ ਬਿਰਾਦਰਾ ਦਰਬਾਰ ਮਿਲਕ ਖਾਨਾਇ॥	ਪੁੱਤ੍ਰ ਨਾਲ ਮਿਲਕੇ ਖਾਣ (ਵਲੀ) ਹੈ। (ਨਿਆਮਤਿ)ਪਦਾਰਥ। (ਬਿਰਾਦਰਾ)ਸਬੰਧੀ। (ਦਰਬਾਰ)ਕਚਹਿਰੀਆਂ। (ਮਿਲਕ) ਜਗੀਰਾਂ। (ਖਾਨਾਇ)ਘਰ	Valee Niaamath Biraadharaa Dharabaar Milak Khaanaae ||	Your benefactors, presents, companions, courts, lands and homes	ਹੇ ਭਾਈ! ਤਦੋਂ ਪਾਲਣ ਵਾਲਾ ਪਿਉ, ਭਰਾ, ਦਰਬਾਰ, ਜਾਇਦਾਦ, ਘਰ-
31119	723	ਜਬ ਅਜਰਾਈਲੁ ਬਸਤਨੀ ਤਬ ਚਿ ਕਾਰੇ ਬਿਦਾਇ॥੩॥	(ਬਸਤਨੀ)ਬੰਨ੍ਹੇਗਾ। (ਚਿ)ਕਿਆ। (ਕਾਰੇ)ਕਰੇਂਗਾ। (ਬਿਦਾਇ)ਜਾਣ ਲੈ ਇਸ ਗੱਲ ਨੂੰ	Jab Ajaraaeel Basathanee Thab Ch Kaarae Bidhaae ||3||	- when Azraa-eel, the Messenger of Death seizes you, what good will these be to you then? ||3||	ਇਹ ਸਾਰੇ (ਜਗਤ ਤੋਂ) ਵਿਦਾ ਹੋਣ ਵੇਲੇ ਕਿਸ ਕੰਮ ਆਉਣਗੇ? ਜਦੋਂ ਮੌਤ ਦਾ ਫ਼ਰਿਸ਼ਤਾ (ਆ ਕੇ) ਬੰਨ੍ਹ ਲੈਂਦਾ ਹੈ ॥੩॥

31120	723	ਹਵਾਲ ਮਾਲੂਮੁ ਕਰਦੰ ਪਾਕ ਅਲਾਹ॥	ਅੱਲਾਹ	Havaal Maaloom Karadhan Paak Alaah ||	The Pure Lord God knows your condition.	ਹੇ ਭਾਈ! ਪਵਿਤ੍ਰ ਪਰਮਾਤਮਾ (ਤੇਰੇ ਦਿਲ ਦਾ) ਸਾਰਾ ਹਾਲ ਜਾਣਦਾ ਹੈ।
31121	723	ਬੁਗੋ ਨਾਨਕ ਅਰਦਾਸਿ ਪੇਸਿ ਦਰਵੇਸ ਬੰਦਾਹ॥੪॥੧॥	ਬੁਗੋ:ਕਹਿੰਦੇ ਹਨ ਸਤਿਗੁਰੂ ਜੀ। ਪੇਸਿਅੱਗੇ। ਬੁਗੋ:ਪੋਲਾ ਬੋਲੋ	Bugo Naanak Aradhaas Paes Dharavaes Bandhaah ||4||1||	O Nanak, recite your prayer to the holy people. ||4||1||	ਹੇ ਨਾਨਕ! ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ (ਪਰਮਾਤਮਾ ਦੇ ਦਰ ਤੇ) ਅਰਦਾਸ ਕਰਿਆ ਕਰ (ਕਿ ਤੈਨੂੰ ਮਾਇਆ ਦੀ ਹਵਸ ਵਿਚ ਨਾਹ ਫਸਣ ਦੇਵੇ) ॥੪॥੧॥
31122	723	ਤਿਲੰਗ ਘਰੁ ੨ ਮਹਲਾ ੫॥		Thilang Ghar 2 Mehalaa 5 ||	Tilang, Second House, Fifth Mehl:	
31123	723	ਤੁਧੁ ਬਿਨੁ ਦੂਜਾ ਨਾਹੀ ਕੋਇ॥		Thudhh Bin Dhoojaa Naahee Koe ||	There is no other than You, Lord.	ਹੇ ਪ੍ਰਭੂ! ਤੈਥੋਂ ਬਿਨਾ ਹੋਰ ਕੋਈ ਦੂਜਾ ਕੁਝ ਕਰ ਸਕਣ ਵਾਲਾ ਨਹੀਂ ਹੈ।
31124	723	ਤੂ ਕਰਤਾਰੁ ਕਰਹਿ ਸੋ ਹੋਇ॥		Thoo Karathaar Karehi So Hoe ||	You are the Creator; whatever You do, that alone happens.	ਤੂੰ ਸਾਰੇ ਜਗਤ ਦਾ ਪੈਦਾ ਕਰਨ ਵਾਲਾ ਹੈਂ, ਜੋ ਕੁਝ ਤੂੰ ਕਰਦਾ ਹੈਂ, ਉਹੀ ਹੁੰਦਾ ਹੈ,
31125	723	ਤੇਰਾ ਜੋਰੁ ਤੇਰੀ ਮਨਿ ਟੇਕ॥		Thaeraa Jor Thaeree Man Ttaek ||	You are the strength, and You are the support of the mind.	(ਅਸਾਂ ਜੀਵਾਂ ਨੂੰ) ਤੇਰਾ ਹੀ ਤਾਣ ਹੈ, (ਸਾਡੇ) ਮਨ ਵਿਚ ਤੇਰਾ ਹੀ ਸਹਾਰਾ ਹੈ।
31126	723	ਸਦਾ ਸਦਾ ਜਪਿ ਨਾਨਕ ਏਕ॥੧॥		Sadhaa Sadhaa Jap Naanak Eaek ||1||	Forever and ever, meditate, O Nanak, on the One. ||1||	ਹੇ ਨਾਨਕ! ਸਦਾ ਹੀ ਉਸ ਇਕ ਪਰਮਾਤਮਾ ਦਾ ਨਾਮ ਜਪਦਾ ਰਹੁ ॥੧॥

31127	723	ਸਭ ਊਪਰਿ ਪਾਰਬ੍ਰਹਮੁ ਦਾਤਾਰੁ॥		Sabh Oopar Paarabreham Dhaathaar ||	The Great Giver is the Supreme Lord God over all.	ਹੇ ਭਾਈ! ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਪਰਮਾਤਮਾ ਸਭ ਜੀਵਾਂ ਦੇ ਸਿਰ ਉਤੇ ਰਾਖਾ ਹੈ।
31128	723	ਤੇਰੀ ਟੇਕ ਤੇਰਾ ਆਧਾਰੁ॥ਰਹਾਉ॥		Thaeree Ttaek Thaeraa Aadhhaar || Rehaao ||	You are our support, You are our sustainer. ||Pause||	ਹੇ ਪ੍ਰਭੂ! (ਅਸਾਂ ਜੀਵਾਂ ਨੂੰ) ਤੇਰਾ ਹੀ ਆਸਰਾ ਹੈ, ਤੇਰਾ ਹੀ ਸਹਾਰਾ ਹੈ ਰਹਾਉ॥
31129	724	ਹੈ ਤੂਹੈ ਤੂ ਹੋਵਨਹਾਰ॥	ਹੈ:ਵਰਤਮਾਨ ਸਮੇਂ ਚ। ਤੂਹੈ:ਭੂਤਕਾਲ ਗੁਜ਼ਰੇ ਸਮੇਂ ਚ। ਹੋਵਨਹਾਰ:ਅੱਗੇ ਨੂੰ ਸਦਾ ਅਚੱਲ ਅਡੋਲ ਹੋਂ ਜੀ	Hai Thoohai Thoo Hovanehaar ||	You are, You are, and You shall ever be,	ਹੇ ਪ੍ਰਭੂ! ਹਰ ਥਾਂ ਹਰ ਵੇਲੇ ਤੂੰ ਹੀ ਤੂੰ ਹੈਂ, ਤੂੰ ਹੀ ਸਦਾ ਕਾਇਮ ਰਹਿਣ ਵਾਲਾ ਹੈਂ।
31130	724	ਅਗਮ ਅਗਾਧਿ ਊਚ ਆਪਾਰ॥		Agam Agaadhh Ooch Aapaar ||	O inaccessible, unfathomable, lofty and infinite Lord.	ਹੇ ਅਪਹੁੰਚ ਪ੍ਰਭੂ! ਹੇ ਅਥਾਹ ਪ੍ਰਭੂ! ਹੇ ਸਭ ਤੋਂ ਉੱਚੇ ਤੇ ਬੇਅੰਤ ਪ੍ਰਭੂ!
31131	724	ਜੋ ਤੁਧੁ ਸੇਵਹਿ ਤਿਨ ਭਉ ਦੁਖੁ ਨਾਹਿ॥		Jo Thudhh Saevehi Thin Bho Dhukh Naahi ||	Those who serve You, are not touched by fear or suffering.	ਜੇਹੜੇ ਮਨੁੱਖ ਤੈਨੂੰ ਸਿਮਰਦੇ ਹਨ, ਉਹਨਾਂ ਨੂੰ ਕੋਈ ਡਰ ਕੋਈ ਦੁੱਖ ਪੋਹ ਨਹੀਂ ਸਕਦਾ।
31132	724	ਗੁਰ ਪਰਸਾਦਿ ਨਾਨਕ ਗੁਣ ਗਾਹਿ॥੨॥		Gur Parasaadh Naanak Gun Gaahi ||2||	By Guru's Grace, O Nanak, sing the Glorious Praises of the Lord. ||2||	ਹੇ ਨਾਨਕ! ਗੁਰੂ ਦੀ ਕਿਰਪਾ ਨਾਲ ਹੀ (ਮਨੁੱਖ ਪਰਮਾਤਮਾ ਦੇ) ਗੁਣ ਗਾ ਸਕਦੇ ਹਨ ॥੨॥
31133	724	ਜੋ ਦੀਸੈ ਸੋ ਤੇਰਾ ਰੂਪੁ॥		Jo Dheesai So Thaeraa Roop ||	Whatever is seen, is Your form, O treasure of virtue,	ਹੇ ਪ੍ਰਭੂ! (ਜਗਤ ਵਿਚ) ਜੋ ਕੁਝ ਦਿੱਸਦਾ ਹੈ ਤੇਰਾ ਹੀ ਸਰੂਪ ਹੈ,

31134	724	ਗੁਣ ਨਿਧਾਨ ਗੋਵਿੰਦ ਅਨੂਪ॥		Gun Nidhhaan Govindh Anoop ||	O Lord of the Universe, O Lord of incomparable beauty.	ਹੇ ਗੁਣਾਂ ਦੇ ਖ਼ਜ਼ਾਨੇ! ਹੇ ਸੋਹਣੇ ਗੋਬਿੰਦ! (ਇਹ ਜਗਤ ਤੇਰਾ ਹੀ ਰੂਪ ਹੈ)
31135	724	ਸਿਮਰਿ ਸਿਮਰਿ ਸਿਮਰਿ ਜਨ ਸੋਇ॥		Simar Simar Simar Jan Soe ||	Remembering, remembering, remembering the Lord in meditation, His humble servant becomes like Him.	ਹੇ ਮਨੁੱਖ! ਸਦਾ ਉਸ ਪਰਮਾਤਮਾ ਦਾ ਸਿਮਰਨ ਕਰਦਾ ਰਹੁ।
31136	724	ਨਾਨਕ ਕਰਮਿ ਪਰਾਪਤਿ ਹੋਇ॥੩॥		Naanak Karam Paraapath Hoe ||3||	O Nanak, by His Grace, we obtain Him. ||3||	ਹੇ ਨਾਨਕ! (ਪਰਮਾਤਮਾ ਦਾ ਸਿਮਰਨ) ਪਰਮਾਤਮਾ ਦੀ ਕਿਰਪਾ ਨਾਲ ਹੀ ਮਿਲਦਾ ਹੈ ॥੩॥
31137	724	ਜਿਨਿ ਜਪਿਆ ਤਿਸ ਕਉ ਬਲਿਹਾਰ॥		Jin Japiaa This Ko Balihaar ||	I am a sacrifice to those who meditate on the Lord.	ਹੇ ਭਾਈ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਜਪਿਆ ਹੈ, ਉਸ ਤੋਂ ਕੁਰਬਾਨ ਹੋਣਾ ਚਾਹੀਦਾ ਹੈ।
31138	724	ਤਿਸ ਕੈ ਸੰਗਿ ਤਰੈ ਸੰਸਾਰ॥		This Kai Sang Tharai Sansaar ||	Associating with them, the whole world is saved.	ਉਸ ਮਨੁੱਖ ਦੀ ਸੰਗਤਿ ਵਿਚ (ਰਹਿ ਕੇ) ਸਾਰਾ ਜਗਤ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।
31139	724	ਕਹੁ ਨਾਨਕ ਪ੍ਰਭ ਲੋਚਾ ਪੂਰਿ॥		Kahu Naanak Prabh Lochaa Poor ||	Says Nanak, God fulfills our hopes and aspirations.	ਨਾਨਕ ਆਖਦਾ ਹੈ- ਹੇ ਪ੍ਰਭੂ! ਮੇਰੀ ਤਾਂਘ ਪੂਰੀ ਕਰ,
31140	724	ਸੰਤ ਜਨਾ ਕੀ ਬਾਛਉ ਧੂਰਿ॥੪॥੨॥		Santh Janaa Kee Baashho Dhhoor ||4||2||	I long for the dust of the feet of the Saints. ||4||2||	ਮੈਂ (ਤੇਰੇ ਦਰ ਤੋਂ) ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ ॥੪॥੨॥

31141	724	ਤਿਲੰਗ ਮਹਲਾ ੫ ਘਰੁ ੩॥		Thilang Mehalaa 5 Ghar 3 ||	Tilang, Fifth Mehl, Third House:	
31142	724	ਮਿਹਰਵਾਨੁ ਸਾਹਿਬੁ ਮਿਹਰਵਾਨੁ॥		Miharavaan Saahib Miharavaan ||	Merciful, the Lord Master is Merciful.	ਹੇ ਭਾਈ! (ਪ੍ਰਭੂ) ਸਦਾ ਦਇਆ ਕਰਨ ਵਾਲਾ ਹੈ, ਸਦਾ ਦਇਆ ਕਰਨ ਵਾਲਾ ਹੈ,
31143	724	ਸਾਹਿਬੁ ਮੇਰਾ ਮਿਹਰਵਾਨੁ॥		Saahib Maeraa Miharavaan ||	My Lord Master is Merciful.	ਮੇਰਾ ਮਾਲਕ-ਪ੍ਰਭੂ ਸਦਾ ਦਇਆ ਕਰਨ ਵਾਲਾ ਹੈ।
31144	724	ਜੀਅ ਸਗਲ ਕਉ ਦੇਇ ਦਾਨੁ॥ਰਹਾਉ॥		Jeea Sagal Ko Dhaee Dhaan || Rehaao ||	He gives His gifts to all beings. ||Pause||	ਉਹ ਸਾਰੇ ਜੀਵਾਂ ਨੂੰ (ਸਭ ਪਦਾਰਥਾਂ ਦਾ) ਦਾਨ ਦੇਂਦਾ ਹੈ ਰਹਾਉ॥
31145	724	ਤੂ ਕਾਹੇ ਡੋਲਹਿ ਪ੍ਰਾਣੀਆ ਤੁਧੁ ਰਾਖੈਗਾ ਸਿਰਜਣਹਾਰੁ॥		Thoo Kaahae Ddolehi Praaneeaa Thudhh Raakhaigaa Sirajanehaar ||	Why do you waver, O mortal being? The Creator Lord Himself shall protect you.	ਹੇ ਭਾਈ! ਤੂੰ ਕਿਉਂ ਘਬਰਾਂਦਾ ਹੈਂ? ਪੈਦਾ ਕਰਨ ਵਾਲਾ ਪ੍ਰਭੂ ਤੇਰੀ (ਜ਼ਰੂਰ) ਰੱਖਿਆ ਕਰੇਗਾ।
31146	724	ਜਿਨਿ ਪੈਦਾਇਸਿ ਤੂ ਕੀਆ ਸੋਈ ਦੇਇ ਆਧਾਰੁ॥੧॥		Jin Paidhaaeis Thoo Keeaa Soee Dhaee Aadhhaar ||1||	He who created you, will also give you nourishment. ||1||	ਜਿਸ (ਪ੍ਰਭੂ) ਨੇ ਤੈਨੂੰ ਪੈਦਾ ਕੀਤਾ ਹੈ, ਉਹੀ (ਸਾਰੀ ਸ੍ਰਿਸ਼ਟੀ ਨੂੰ) ਆਸਰਾ (ਭੀ) ਦੇਂਦਾ ਹੈ ॥੧॥

31147	724	ਜਿਨਿ ਉਪਾਈ ਮੇਦਨੀ ਸੋਈ ਕਰਦਾ ਸਾਰ॥		Jin Oupaaee Maedhanee Soee Karadhaa Saar ||	The One who created the world, takes care of it.	ਹੇ ਭਾਈ! ਜਿਸ ਪਰਮਾਤਮਾ ਨੇ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹੀ (ਇਸ ਦੀ) ਸੰਭਾਲ ਕਰਦਾ ਹੈ।
31148	724	ਘਟਿ ਘਟਿ ਮਾਲਕੁ ਦਿਲਾ ਕਾ ਸਚਾ ਪਰਵਦਗਾਰੁ॥੨॥	ਪਰਵਦ-ਗਾਰੁ	Ghatt Ghatt Maalak Dhilaa Kaa Sachaa Paravadhagaar ||2||	In each and every heart and mind, the Lord is the True Cherisher. ||2||	ਹਰੇਕ ਸਰੀਰ ਵਿਚ ਵੱਸਣ ਵਾਲਾ ਪ੍ਰਭੂ (ਸਾਰੇ ਜੀਵਾਂ ਦੇ) ਦਿਲਾਂ ਦਾ ਮਾਲਕ ਹੈ, ਉਹ ਸਦਾ ਕਾਇਮ ਰਹਿਣ ਵਾਲਾ ਹੈ, ਅਤੇ, ਸਭ ਦੀ ਪਾਲਣਾ ਕਰਨ ਵਾਲਾ ਹੈ ॥੨॥
31149	724	ਕੁਦਰਤਿ ਕੀਮ ਨ ਜਾਣੀਐ ਵਡਾ ਵੇਪਰਵਾਹੁ॥		Kudharath Keem N Jaaneeai Vaddaa Vaeparavaahu ||	His creative potency and His value cannot be known; He is the Great and carefree Lord.	ਹੇ ਭਾਈ! ਉਸ ਮਾਲਕ ਦੀ ਕੁਦਰਤਿ ਦਾ ਮੁੱਲ ਨਹੀਂ ਸਮਝਿਆ ਜਾ ਸਕਦਾ, ਉਹ ਸਭ ਤੋਂ ਵੱਡਾ ਹੈ ਉਸ ਨੂੰ ਕਿਸੇ ਦੀ ਮੁਥਾਜੀ ਨਹੀਂ।
31150	724	ਕਰਿ ਬੰਦੇ ਤੂ ਬੰਦਗੀ ਜਿਚਰੁ ਘਟ ਮਹਿ ਸਾਹੁ॥੩॥		Kar Bandhae Thoo Bandhagee Jichar Ghatt Mehi Saahu ||3||	O human being, meditate on the Lord, as long as there is breath in your body. ||3||	ਹੇ ਬੰਦੇ! ਜਿਤਨਾ ਚਿਰ ਤੇਰੇ ਸਰੀਰ ਵਿਚ ਸੁਆਸ ਚੱਲਦਾ ਹੈ ਉਤਨਾ ਚਿਰ ਉਸ ਮਾਲਕ ਦੀ ਬੰਦਗੀ ਕਰਦਾ ਰਹੁ ॥੩॥
31151	724	ਤੂ ਸਮਰਥੁ ਅਕਥੁ ਅਗੋਚਰੁ ਜੀਉ ਪਿੰਡੁ ਤੇਰੀ ਰਾਸਿ॥	ਸਮਰੱਥੁ। ਅ-ਕਥੁ ਪੋਲਾ	Thoo Samarathh Akathh Agochar Jeeo Pindd Thaeree Raas ||	O God, You are all-powerful, inexpressible and imperceptible; my soul and body are Your capital.	ਹੇ ਪ੍ਰਭੂ! ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੇਰੇ ਸਰੂਪ ਦਾ ਬਿਆਨ ਨਹੀਂ ਕੀਤਾ ਜਾ ਸਕਦਾ, ਗਿਆਨ-ਇੰਦ੍ਰਿਆਂ ਦੀ ਰਾਹੀਂ ਤੇਰੇ ਤਕ ਪਹੁੰਚ ਨਹੀਂ ਹੋ ਸਕਦੀ। (ਅਸਾਂ ਜੀਵਾਂ ਦਾ ਇਹ) ਸਰੀਰ ਤੇ ਜਿੰਦ ਤੇਰੀ ਹੀ ਦਿੱਤੀ ਹੋਈ ਪੂੰਜੀ ਹੈ।

31152	724	ਰਹਮ ਤੇਰੀ ਸੁਖੁ ਪਾਇਆ ਸਦਾ ਨਾਨਕ ਕੀ ਅਰਦਾਸਿ॥੪॥੩॥		Reham Thaeree Sukh Paaeiaa Sadhaa Naanak Kee Aradhaas ||4||3||	By Your Mercy, may I find peace; this is Nanak's lasting prayer. ||4||3||	ਜਿਸ ਮਨੁੱਖ ਉਤੇ ਤੇਰੀ ਮਿਹਰ ਹੋਵੇ ਉਸ ਨੂੰ (ਤੇਰੇ ਦਰ ਤੋਂ ਬੰਦਗੀ ਦਾ) ਸੁਖ ਮਿਲਦਾ ਹੈ। ਨਾਨਕ ਦੀ ਭੀ ਸਦਾ ਤੇਰੇ ਦਰ ਤੇ ਇਹੀ ਅਰਦਾਸ ਹੈ (ਕਿ ਤੇਰੀ ਬੰਦਗੀ ਦਾ ਸੁਖ ਮਿਲੇ) ॥੪॥੩॥
31153	724	ਤਿਲੰਗ ਮਹਲਾ ੫ ਘਰੁ ੩॥		Thilang Mehalaa 5 Ghar 3 ||	Tilang, Fifth Mehl, Third House:	
31154	724	ਕਰਤੇ ਕੁਦਰਤੀ ਮੁਸਤਾਕੁ॥	(ਮੁਸਤਾਕ)ਮੋਹਤ ਹੋ ਰਿਹਾ ਹੈ	Karathae Kudharathee Musathaak ||	O Creator, through Your creative potency, I am in love with You.	ਹੇ ਕਰਤਾਰ! ਤੇਰੀ ਕੁਦਰਤਿ ਨੂੰ ਵੇਖ ਕੇ ਮੈਂ ਤੇਰੇ ਦਰਸਨ ਦਾ ਚਾਹਵਾਨ ਹੋ ਗਿਆ ਹਾਂ।
31155	724	ਦੀਨ ਦੁਨੀਆ ਏਕ ਤੂਹੀ ਸਭ ਖਲਕ ਹੀ ਤੇ ਪਾਕੁ॥ਰਹਾਉ॥	(ਦੀਨ)ਪ੍ਰਲੋਕ। (ਖਲਕ)ਖ਼ਲਕ ਤ। (ਪਾਕੁ)ਪਵਿੱਤ੍ਰ	Dheen Dhuneeaa Eaek Thoohee Sabh Khalak Hee Thae Paak || Rehaao ||	You alone are my spiritual and temporal Lord; and yet, You are detached from all Your creation. ||Pause||	ਮੇਰੀ ਦੀਨ ਅਤੇ ਦੁਨੀਆ ਦੀ ਦੌਲਤ ਇਕ ਤੂੰ ਹੀ ਹੈਂ। ਤੂੰ ਸਾਰੀ ਖ਼ਲਕਤ ਤੋਂ ਨਿਰਲੇਪ ਰਹਿੰਦਾ ਹੈਂ ਰਹਾਉ॥
31156	724	ਖਿਨ ਮਾਹਿ ਥਾਪਿ ਉਥਾਪਦਾ ਆਚਰਜ ਤੇਰੇ ਰੂਪ॥	ਆ-ਚਰਜ	Khin Maahi Thhaap Outhhaapadhaa Aacharaj Thaerae Roop ||	In an instant, You establish and disestablish. Wondrous is Your form!	ਹੇ ਕਰਤਾਰ! ਤੂੰ ਇਕ ਛਿਨ ਵਿਚ (ਜੀਵਾਂ ਨੂੰ) ਬਣਾ ਕੇ ਨਾਸ ਭੀ ਕਰ ਦੇਂਦਾ ਹੈਂ ਤੇਰੇ ਸੂਰਪ ਹੈਰਾਨ ਕਰਨ ਵਾਲੇ ਹਨ।

31157	724	ਕਉਣੁ ਜਾਣੈ ਚਲਤ ਤੇਰੇ ਅੰਧਿਆਰੇ ਮਹਿ ਦੀਪ॥੧॥		Koun Jaanai Chalath Thaerae Andhhiaarae Mehi Dheep ||1||	Who can know Your play? You are the Light in the darkness. ||1||	ਕੋਈ ਜੀਵ ਤੇਰੇ ਕੌਤਕਾਂ ਨੂੰ ਸਮਝ ਨਹੀਂ ਸਕਦਾ। (ਅਗਿਆਨਤਾ ਦੇ) ਹਨੇਰੇ ਵਿਚ (ਤੂੰ ਆਪ ਹੀ ਜੀਵਾਂ ਵਾਸਤੇ) ਚਾਨਣ ਹੈਂ ॥੧॥
31158	724	ਖੁਦਿ ਖਸਮ ਖਲਕ ਜਹਾਨ ਅਲਹ ਮਿਹਰਵਾਨ ਖੁਦਾਇ॥	ਅੱਲਹ	Khudh Khasam Khalak Jehaan Aleh Miharavaan Khudhaae ||	You are the Master of Your creation, the Lord of all the world, O Merciful Lord God.	ਹੇ ਅੱਲਾ! ਹੇ ਮਿਹਰਬਾਨ ਖ਼ੁਦਾਇ! ਸਾਰੀ ਖ਼ਲਕਤ ਦਾ ਸਾਰੇ ਜਹਾਨ ਦਾ ਤੂੰ ਆਪ ਹੀ ਮਾਲਕ ਹੈਂ।
31159	724	ਦਿਨਸੁ ਰੈਣਿ ਜਿ ਤੁਧੁ ਅਰਾਧੇ ਸੋ ਕਿਉ ਦੋਜਕਿ ਜਾਇ॥੨॥		Dhinas Rain J Thudhh Araadhhae So Kio Dhojak Jaae ||2||	One who worships You day and night - why should he have to go to hell? ||2||	ਜੇਹੜਾ ਮਨੁੱਖ ਦਿਨ ਰਾਤ ਤੈਨੂੰ ਆਰਾਧਦਾ ਹੈ, ਉਹ ਦੋਜ਼ਕ ਵਿਚ ਕਿਵੇਂ ਜਾ ਸਕਦਾ ਹੈ? ॥੨॥
31160	724	ਅਜਰਾਈਲੁ ਯਾਰੁ ਬੰਦੇ ਜਿਸੁ ਤੇਰਾ ਆਧਾਰੁ॥	ਯਾਰੁ:ਯਾ ਤਾਲੂ ਤੋਂ ਬੋਲੋ	Ajaraaeel Yaar Bandhae Jis Thaeraa Aadhhaar ||	Azraa-eel, the Messenger of Death, is the friend of the human being who has Your support, Lord.	ਹੇ ਪ੍ਰਭੂ! ਜਿਸ ਮਨੁੱਖ ਨੂੰ ਤੇਰਾ ਆਸਰਾ ਮਿਲ ਜਾਂਦਾ ਹੈ, ਮੌਤ ਦਾ ਫ਼ਰਿਸ਼ਤਾ ਉਸ ਮਨੁੱਖ ਦਾ ਮਿੱਤਰ ਬਣ ਜਾਂਦਾ ਹੈ (ਉਸ ਨੂੰ ਮੌਤ ਦਾ ਡਰ ਨਹੀਂ ਰਹਿੰਦਾ)।

31161	724	ਗੁਨਹ ਉਸ ਕੇ ਸਗਲ ਆਫੂ ਤੇਰੇ ਜਨ ਦੇਖਹਿ ਦੀਦਾਰੁ॥੩॥	(ਆਫੂ)ਮੁਆਫ਼।ਆਫੂ:ਪੋਲਾ ਬੋਲੋ	Guneh Ous Kae Sagal Aafoo Thaerae Jan Dhaekhehi Dheedhaar ||3||	His sins are all forgiven; Your humble servant gazes upon Your Vision. ||3||	ਤੇਰੇ ਜਿਹੜੇ ਸੇਵਕ ਤੇਰਾ ਦੀਦਾਰ ਕਰ ਲੈਂਦੇ ਹਨ, ਉਨ੍ਹਾਂ ਦੇ ਸਾਰੇ ਪਾਪ ਬਖ਼ਸ਼ੇ ਜਾਂਦੇ ਹਨ ॥੩॥
31162	724	ਦੁਨੀਆ ਚੀਜ ਫਿਲਹਾਲ ਸਗਲੇ ਸਚੁ ਸੁਖੁ ਤੇਰਾ ਨਾਉ॥	(ਚੀਜ)ਪਦਾਰਥ।(ਫਿਲਹਾਲ) ਨਾਸਵੰਤ	Dhuneeaa Cheej Filehaal Sagalae Sach Sukh Thaeraa Naao ||	All worldly considerations are for the present only. True peace comes only from Your Name.	ਹੇ ਪ੍ਰਭੂ! ਦੁਨੀਆ ਦੇ (ਹੋਰ) ਸਾਰੇ ਪਦਾਰਥ ਛੇਤੀ ਨਾਸ ਹੋ ਜਾਣ ਵਾਲੇ ਹਨ। ਸਦਾ ਕਾਇਮ ਰਹਿਣ ਵਾਲਾ ਸੁਖ ਤੇਰਾ ਨਾਮ (ਹੀ ਬਖ਼ਸ਼ਦਾ ਹੈ)।
31163	724	ਗੁਰ ਮਿਲਿ ਨਾਨਕ ਬੂਝਿਆ ਸਦਾ ਏਕ ਸੁ ਗਾਉ॥੪॥੪॥	(ਸੁ)ਸ਼ੁੱਧ ਸਰੂਪ। ਬੂੱਝਿਆ	Gur Mil Naanak Boojhiaa Sadhaa Eaekas Gaao ||4||4||	Meeting the Guru, Nanak understands; He sings only Your Praises forever, O Lord. ||4||4||	ਨਾਨਕ ਆਖਦਾ ਹੈ- ਇਹ ਗੱਲ (ਮੈਂ ਗੁਰੂ ਨੂੰ ਮਿਲ ਕੇ ਸਮਝੀ ਹੈ, ਇਸ ਵਾਸਤੇ) ਮੈਂ ਸਦਾ ਇਕ ਪਰਮਾਤਮਾ ਦਾ ਹੀ ਜਸ ਗਾਂਦਾ ਰਹਿੰਦਾ ਹਾਂ ॥੪॥੪॥
31164	724	ਤਿਲੰਗ ਮਹਲਾ ੫॥		Thilang Mehalaa 5 ||	Tilang, Fifth Mehl:	
31165	724	ਮੀਰਾਂ ਦਾਨਾਂ ਦਿਲ ਸੋਚ॥	(ਮੀਰਾਂ)ਪਾਤਿਸ਼ਾਹਾਂ ਦੇ ਪਾਤਿਸ਼ਾਹ।(ਦਾਨਾਂ)ਗਿਆਤੇ । (ਸੋਚ)ਵਿਚਾਰ	Meeraan Dhaanaan Dhil Soch ||	Think of the Lord in your mind, O wise one.	ਹੇ ਸਰਦਾਰ! ਹੇ ਸਿਆਣੇ! ਹੇ (ਜੀਵਾਂ ਦੇ) ਦਿਲਾਂ ਨੂੰ ਪਵਿਤ੍ਰ ਕਰਨ ਵਾਲੇ!

31166	724	ਮੁਹਬਤੇ ਮਨਿ ਤਨਿ ਬਸੈ ਸਚੁ ਸਾਹ ਬੰਦੀ ਮੋਚ॥੧॥ਰਹਾਉ॥	(ਮੋਚ) ਛਡਾਉਣ ਵਾਲੇ। ਮੁ-ਹੱਬਤੇ	Muhabathae Man Than Basai Sach Saah Bandhee Moch ||1|| Rehaao ||	Enshrine love for the True Lord in your mind and body; He is the Liberator from bondage. ||1||Pause||	ਹੇ ਸਦਾ-ਥਿਰ ਸ਼ਾਹ! ਹੇ ਬੰਦਨਾਂ ਤੋਂ ਛੁਡਾਣ ਵਾਲੇ! ਤੇਰੀ ਮੁਹੱਬਤ ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਵੱਸ ਰਹੀ ਹੈ ॥੧॥ ਰਹਾਉ ॥
31167	724	ਦੀਦਨੇ ਦੀਦਾਰ ਸਾਹਿਬ ਕਛੁ ਨਹੀ ਇਸ ਕਾ ਮੋਲੁ॥	(ਦੀਦਨੇ) ਦੇਖਣੇ	Dheedhanae Dheedhaar Saahib Kashh Nehee Eis Kaa Mol ||	The value of seeing the Vision of the Lord Master cannot be estimated.	ਹੇ ਮਾਲਕ! ਤੇਰਾ ਦਰਸਨ ਕਰਨਾ (ਇਕ ਅਮੋਲਕ ਦਾਤ ਹੈ), ਤੇਰੇ ਇਸ (ਦਰਸਨ) ਦਾ ਕੋਈ ਮੁੱਲ ਨਹੀਂ ਕੀਤਾ ਜਾ ਸਕਦਾ।
31168	724	ਪਾਕ ਪਰਵਦਗਾਰ ਤੂ ਖੁਦਿ ਖਸਮੁ ਵਡਾ ਅਤੋਲੁ॥੧॥	ਪਰ-ਵਦ-ਗਾਰ	Paak Paravadhagaar Thoo Khudh Khasam Vaddaa Athol ||1||	You are the Pure Cherisher; You Yourself are the great and immeasurable Lord and Master. ||1||	ਹੇ ਪਵਿਤ੍ਰ! ਹੇ ਪਾਲਣਹਾਰ! ਤੂੰ ਆਪ (ਸਾਡਾ) ਖਸਮ ਹੈਂ ਤੂੰ ਸਭ ਤੋਂ ਵੱਡਾ ਹੈਂ, ਤੇਰੀ ਵੱਡੀ ਹਸਤੀ ਨੂੰ ਤੋਲਿਆ ਨਹੀਂ ਜਾ ਸਕਦਾ ॥੧॥
31169	724	ਦਸੁਗੀਰੀ ਦੇਹਿ ਦਿਲਾਵਰ ਤੂਹੀ ਤੂਹੀ ਏਕ॥	(ਦਿਲਾ-ਵਰ) ਬਹਾਦਰ। ਦਸੁਗੀਰੀ: ਅਧੱ੍ਰ ਪੋਲਾ ਬੋਲੋ	Dhasogeeree Dhaehi Dhilaavar Thoohee Thoohee Eaek ||	Give me Your help, O brave and generous Lord; You are the One, You are the Only Lord.	ਹੇ ਸੂਰਮੇ ਪ੍ਰਭੂ! ਮੇਰੀ ਸਹਾਇਤਾ ਕਰ, ਇਕ ਤੂੰ ਹੀ (ਮੇਰਾ ਆਸਰਾ) ਹੈਂ।
31170	724	ਕਰਤਾਰ ਕੁਦਰਤਿ ਕਰਣ ਖਾਲਕ ਨਾਨਕ ਤੇਰੀ ਟੇਕ॥੨॥੫॥		Karathaar Kudharath Karan Khaalak Naanak Thaeree Ttaek ||2||5||	O Creator Lord, by Your creative potency, You created the world; Nanak holds tight to Your support. ||2||5||	ਹੇ ਨਾਨਕ! (ਆਖ-) ਹੇ ਕਰਤਾਰ! ਹੇ ਕੁਦਰਤਿ ਦੇ ਰਚਨਹਾਰ! ਹੇ ਖ਼ਲਕਤ ਦੇ ਮਾਲਕ! ਮੈਨੂੰ ਤੇਰਾ ਸਹਾਰਾ ਹੈ ॥੨॥੫॥

31171	724	ਤਿਲੰਗ ਮਹਲਾ ੧ ਘਰੁ ੨		Thilang Mehalaa 1 Ghar 2	Tilang, First Mehl, Second House:	ਰਾਗ ਤਿਲੰਗ, ਘਰ ੨ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
31172	724	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31173	724	ਜਿਨਿ ਕੀਆ ਤਿਨਿ ਦੇਖਿਆ ਕਿਆ ਕਹੀਐ ਰੇ ਭਾਈ॥		Jin Keeaa Thin Dhaekhiaa Kiaa Keheeai Rae Bhaaee ||	The One who created the world watches over it; what more can we say, O Siblings of Destiny?	ਹੇ ਭਾਈ! ਜਿਸ ਪਰਮਾਤਮਾ ਨੇ (ਇਹ ਜਗਤ) ਬਣਾਇਆ ਹੈ, ਉਸੇ ਨੇ ਹੀ (ਸਦਾ) ਇਸ ਦੀ ਸੰਭਾਲ ਕੀਤੀ ਹੈ। ਇਹ ਕਿਹਾ ਨਹੀਂ ਜਾ ਸਕਦਾ (ਕਿ ਉਹ ਕਿਵੇਂ ਸੰਭਾਲ ਕਰਦਾ ਹੈ)।
31174	725	ਆਪੇ ਜਾਣੈ ਕਰੇ ਆਪਿ ਜਿਨਿ ਵਾੜੀ ਹੈ ਲਾਈ॥੧॥		Aapae Jaanai Karae Aap Jin Vaarree Hai Laaee ||1||	He Himself knows, and He Himself acts; He laid out the garden of the world. ||1||	ਜਿਸ ਨੇ ਇਹ ਜਗਤ-ਬਗ਼ੀਚੀ ਲਾਈ ਹੈ, ਉਹ ਆਪ ਹੀ (ਇਸ ਦੀਆਂ ਲੋੜਾਂ) ਜਾਣਦਾ ਹੈ, ਤੇ ਆਪ (ਉਹ ਲੋੜਾਂ ਪੂਰੀਆਂ) ਕਰਦਾ ਹੈ ॥੧॥
31175	725	ਰਾਇਸਾ ਪਿਆਰੇ ਕਾ ਰਾਇਸਾ ਜਿਤੁ ਸਦਾ ਸੁਖੁ ਹੋਈ॥ਰਹਾਉ॥	(ਰਾਇਸਾ)ਉਚਾਰਨ ਕਰਾਂ	Raaeisaa Piaarae Kaa Raaeisaa Jith Sadhaa Sukh Hoee || Rehaao ||	Savor the story, the story of the Beloved Lord, which brings a lasting peace. ||Pause||	ਹੇ ਪਿਆਰੇ (ਭਾਈ)! ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ, ਕਿਉਂਕਿ ਇਸ ਦੀ ਰਾਹੀਂ ਸਦਾ ਆਤਮਕ ਆਨੰਦ ਮਿਲਦਾ ਹੈ ਰਹਾਉ॥

31176	725	ਜਿਨਿ ਰੰਗਿ ਕੰਤੁ ਨ ਰਾਵਿਆ ਸਾ ਪਛੋ ਰੇ ਤਾਣੀ॥		Jin Rang Kanth N Raaviaa Saa Pashho Rae Thaanee ||	She who does not enjoy the Love of her Husband Lord, shall come to regret and repent in the end.	ਹੇ ਭਾਈ! ਜਿਸ ਜੀਵ-ਇਸਤ੍ਰੀ ਨੇ ਪ੍ਰੇਮ ਨਾਲ ਖਸਮ-ਪ੍ਰਭੂ ਦਾ ਸਿਮਰਨ ਨਹੀਂ ਕੀਤਾ, ਉਹ ਆਖ਼ਰ ਪਛੁਤਾਂਦੀ ਹੈ।
31177	725	ਹਾਥ ਪਛੋੜੈ ਸਿਰੁ ਧੁਨੈ ਜਬ ਰੈਣਿ ਵਿਹਾਣੀ॥੨॥		Haathh Pashhorrai Sir Dhhunai Jab Rain Vihaanee ||2||	She wrings her hands, and bangs her head, when the night of her life has passed away. ||2||	ਜਦੋਂ ਉਸ ਦੀ ਜ਼ਿੰਦਗੀ ਦੀ ਰਾਤ ਬੀਤ ਜਾਂਦੀ ਹੈ ਤਦੋਂ ਉਹ ਆਪਣੇ ਹੱਥ ਮਲਦੀ ਹੈ, ਸਿਰ ਮਾਰਦੀ ਹੈ ॥੨॥
31178	725	ਪਛੋਤਾਵਾ ਨਾ ਮਿਲੈ ਜਬ ਚੂਕੈਗੀ ਸਾਰੀ॥		Pashhothaavaa Naa Milai Jab Chookaigee Saaree ||	Nothing comes from repentance, when the game is already finished.	(ਪਰ) ਜਦੋਂ ਜ਼ਿੰਦਗੀ ਦੀ ਸਾਰੀ ਰਾਤ ਮੁੱਕ ਜਾਏਗੀ, ਤਦੋਂ ਪਛੁਤਾਵਾ ਕੀਤਿਆਂ ਕੁਝ ਹਾਸਲ ਨਹੀਂ ਹੁੰਦਾ।
31179	725	ਤਾ ਫਿਰਿ ਪਿਆਰਾ ਰਾਵੀਐ ਜਬ ਆਵੈਗੀ ਵਾਰੀ॥੩॥		Thaa Fir Piaaraa Raaveeai Jab Aavaigee Vaaree ||3||	She shall have the opportunity to enjoy her Beloved, only when her turn comes again. ||3||	ਉਸ ਪਿਆਰੇ ਪ੍ਰਭੂ ਨੂੰ ਫਿਰ ਤਦੋਂ ਹੀ ਸਿਮਰਿਆ ਜਾ ਸਕਦਾ ਹੈ, ਜਦੋਂ (ਮੁੜ ਕਦੇ) ਮਨੁੱਖਾ ਜੀਵਨ ਦੀ ਵਾਰੀ ਮਿਲੇਗੀ ॥੩॥
31180	725	ਕੰਤੁ ਲੀਆ ਸੋਹਾਗਣੀ ਮੈ ਤੇ ਵਧਵੀ ਏਹ॥	(ਵਧਵੀ)ਵਧੀਕ ਗੁਣਾਂ ਵਾਲੀ। ਵਧਵੀ:ਪੋਲਾ ਬੋਲੋ	Kanth Leeaa Sohaaganee Mai Thae Vadhhavee Eaeh ||	The happy soul-bride attains her Husband Lord - she is so much better than I am.	ਜਿਨ੍ਹਾਂ ਚੰਗੇ ਭਾਗਾਂ ਵਾਲੀਆਂ (ਜੀਵ-ਇਸਤ੍ਰੀਆਂ) ਨੇ ਪ੍ਰਭੂ-ਪਤੀ ਦਾ ਮਿਲਾਪ ਹਾਸਲ ਕਰ ਲਿਆ ਹੈ, ਉਹ ਮੈਥੋਂ ਚੰਗੀਆਂ ਹਨ,

31181	725	ਸੇ ਗੁਣ ਮੁਝੈ ਨ ਆਵਨੀ ਕੈ ਜੀ ਦੋਸੁ ਧਰੇਹ॥੪॥		Sae Gun Mujhai N Aavanee Kai Jee Dhos Dharaeh ||4||	I have none of her merits or virtues; whom should I blame? ||4||	(ਜੇਹੜੇ ਗੁਣ ਉਹਨਾਂ ਦੇ ਅੰਦਰ ਹਨ) ਉਹ ਗੁਣ ਮੇਰੇ ਅੰਦਰ ਪੈਦਾ ਨਹੀਂ ਹੁੰਦੇ, (ਇਸ ਵਾਸਤੇ) ਮੈਂ ਕਿਸ ਉਤੇ ਦੋਸ਼ ਥੱਪਾਂ (ਕਿ ਮੈਨੂੰ ਪ੍ਰਭੂ-ਪਤੀ ਕਿਉਂ ਨਹੀਂ ਮਿਲਦਾ)? ॥੪॥
31182	725	ਜਿਨੀ ਸਖੀ ਸਹੁ ਰਾਵਿਆ ਤਿਨ ਪੂਛਉਗੀ ਜਾਏ॥		Jinee Sakhee Sahu Raaviaa Thin Pooshhougee Jaaeae ||	I shall go and ask those sisters who have enjoyed their Husband Lord.	(ਹੁਣ) ਮੈਂ ਉਹਨਾਂ ਸਹੇਲੀਆਂ ਨੂੰ ਜਾ ਕੇ ਪੁੱਛਾਂਗੀ, ਜਿਨ੍ਹਾਂ ਨੇ ਪ੍ਰਭੂ-ਪਤੀ ਦਾ ਮਿਲਾਪ ਪ੍ਰਾਪਤ ਕਰ ਲਿਆ ਹੈ।
31183	725	ਪਾਇ ਲਗਉ ਬੇਨਤੀ ਕਰਉ ਲੇਉਗੀ ਪੰਥੁ ਬਤਾਏ॥੫॥	ਲੱਗਉ	Paae Lago Baenathee Karo Laeougee Panthh Bathaaeae ||5||	I touch their feet, and ask them to show me the Path. ||5||	ਮੈਂ ਉਹਨਾਂ ਦੇ ਚਰਨੀ ਲੱਗਾਂਗੀ, ਮੈਂ ਉਹਨਾਂ ਅੱਗੇ ਬੇਨਤੀ ਕਰਾਂਗੀ, (ਤੇ, ਉਹਨਾਂ ਪਾਸੋਂ ਪ੍ਰਭੂ-ਪਤੀ ਦੇ ਮਿਲਾਪ ਦਾ) ਰਸਤਾ ਪੁੱਛ ਲਵਾਂਗੀ ॥੫॥
31184	725	ਹੁਕਮੁ ਪਛਾਣੈ ਨਾਨਕਾ ਭਉ ਚੰਦਨੁ ਲਾਵੈ॥		Hukam Pashhaanai Naanakaa Bho Chandhan Laavai ||	She who understands the Hukam of His Command, O Nanak, applies the Fear of God as her sandalwood oil;	ਹੇ ਨਾਨਕ! ਜਦੋਂ (ਜੀਵ-ਇਸਤ੍ਰੀ ਪ੍ਰਭੂ-ਪਤੀ ਦੀ) ਰਜ਼ਾ ਨੂੰ ਸਮਝ ਲੈਂਦੀ ਹੈ, ਜਦੋਂ ਉਸ ਦੇ ਡਰ-ਅਦਬ ਨੂੰ (ਜਿੰਦ ਵਾਸਤੇ ਸੁਗੰਧੀ ਬਣਾਂਦੀ ਹੈ, ਜਿਵੇਂ ਸਰੀਰ ਉਤੇ ਕੋਈ ਇਸਤ੍ਰੀ) ਚੰਦਨ ਲਾਂਦੀ ਹੈ,

31185	725	ਗੁਣ ਕਾਮਣ ਕਾਮਣਿ ਕਰੈ ਤਉ ਪਿਆਰੇ ਕਉ ਪਾਵੈ॥੬॥		Gun Kaaman Kaaman Karai Tho Piaarae Ko Paavai ||6||	She charms her Beloved with her virtue, and so obtains Him. ||6||	ਜਦੋਂ ਇਸਤ੍ਰੀ (ਪਤੀ ਨੂੰ ਵੱਸ ਕਰਨ ਵਾਸਤੇ ਆਤਮਕ) ਗੁਣਾਂ ਨੂੰ ਟੂਣੇ ਬਣਾਂਦੀ ਹੈ, ਤਦੋਂ ਉਹ ਪ੍ਰਭੂ ਪਿਆਰੇ ਦਾ ਮਿਲਾਪ ਹਾਸਲ ਕਰ ਲੈਂਦੀ ਹੈ ॥੬॥
31186	725	ਜੋ ਦਿਲਿ ਮਿਲਿਆ ਸੁ ਮਿਲਿ ਰਹਿਆ ਮਿਲਿਆ ਕਹੀਐ ਰੇ ਸੋਈ॥		Jo Dhil Miliaa S Mil Rehiaa Miliaa Keheeai Rae Soee ||	She who meets her Beloved in her heart, remains united with Him; this is truly called union.	ਹੇ ਭਾਈ! ਜੇਹੜਾ ਮਨੁੱਖ ਆਪਣੇ ਦਿਲ ਦੀ ਰਾਹੀਂ (ਪਰਮਾਤਮਾ ਦੇ ਚਰਨਾਂ ਵਿਚ) ਮਿਲਿਆ ਹੈ, ਉਹ ਸਦਾ ਪ੍ਰਭੂ ਨਾਲ ਮਿਲਿਆ ਰਹਿੰਦਾ ਹੈ, ਉਹੀ ਮਨੁੱਖ (ਪ੍ਰਭੂ-ਚਰਨਾਂ ਵਿਚ) ਮਿਲਿਆ ਹੋਇਆ ਆਖਿਆ ਜਾ ਸਕਦਾ ਹੈ।
31187	725	ਜੇ ਬਹੁਤੇਰਾ ਲੋਚੀਐ ਬਾਤੀ ਮੇਲੁ ਨ ਹੋਈ॥੭॥	ਬੱਾਤੀਂ	Jae Bahuthaeraa Locheeai Baathee Mael N Hoee ||7||	As much as she may long for Him, she shall not meet Him through mere words. ||7||	ਨਿਰੀਆਂ ਗੱਲਾਂ ਦੀ ਰਾਹੀਂ (ਪ੍ਰਭੂ ਨਾਲ) ਮਿਲਾਪ ਨਹੀਂ ਹੋ ਸਕਦਾ, ਭਾਵੇਂ ਕਿਤਨੀ ਹੀ ਤਾਂਘ ਕਰਦੇ ਰਹੀਏ ॥੭॥
31188	725	ਧਾਤੁ ਮਿਲੈ ਫੁਨਿ ਧਾਤੁ ਕਉ ਲਿਵ ਲਿਵੈ ਕਉ ਧਾਵੈ॥		Dhhaath Milai Fun Dhhaath Ko Liv Livai Ko Dhhaavai ||	As metal melts into metal again, so does love melt into love.	ਹੇ ਭਾਈ! (ਜਿਵੇਂ ਸੋਨਾ ਆਦਿਕ) ਧਾਤ (ਕੁਠਾਲੀ ਵਿਚ ਗਲ ਕੇ) ਮੁੜ (ਹੋਰ) (ਸੋਨੇ-) ਧਾਤ ਨਾਲ ਮਿਲ ਜਾਂਦੀ ਹੈ, (ਇਸੇ ਤਰ੍ਹਾਂ) ਪਿਆਰ ਪਿਆਰ ਵਲ ਦੌੜਦਾ ਹੈ (ਖਿੱਚ ਖਾਂਦਾ ਹੈ)।

31189	725	ਗੁਰ ਪਰਸਾਦੀ ਜਾਣੀਐ ਤਉ ਅਨਭਉ ਪਾਵੈ॥੮॥	ਅਨ-ਭਉ	Gur Parasaadhee Jaaneeai Tho Anabho Paavai ||8||	By Guru's Grace, this understanding is obtained, and then, one obtains the Fearless Lord. ||8||	ਜਦੋਂ ਗੁਰੂ ਦੀ ਕਿਰਪਾ ਨਾਲ ਇਹ ਸੂਝ ਪੈਂਦੀ ਹੈ, ਤਦੋਂ ਮਨੁੱਖ ਡਰ-ਰਹਿਤ ਪ੍ਰਭੂ ਨੂੰ ਮਿਲ ਪੈਂਦਾ ਹੈ ॥੮॥
31190	725	ਪਾਨਾਵਾੜੀ ਹੋਇ ਘਰਿ ਖਰੁ ਸਾਰ ਨ ਜਾਣੈ॥	ਪੱਾਨਾ	Paanaa Vaarree Hoe Ghar Khar Saar N Jaanai ||	There may be an orchard of betel nut trees in the garden, but the donkey does not appreciate its value.	ਹੇ ਭਾਈ! ਪਾਨਾਂ ਦੀ ਕਿਆਰੀ (ਹਿਰਦੇ-) ਘਰ ਵਿਚ ਲੱਗੀ ਹੋਈ ਹੈ, ਪਰ ਖੋਤਾ (ਮੂਰਖ ਮਨੁੱਖ ਇਸ ਦੀ) ਕਦਰ ਨਹੀਂ ਜਾਣਦਾ।
31191	725	ਰਸੀਆ ਹੋਵੈ ਮੁਸਕ ਕਾ ਤਬ ਫੂਲੁ ਪਛਾਣੈ॥੯॥		Raseeaa Hovai Musak Kaa Thab Fool Pashhaanai ||9||	If someone savors a fragrance, then he can truly appreciate its flower. ||9||	ਜਦੋਂ ਮਨੁੱਖ ਸੁਗੰਧੀ ਦਾ ਪ੍ਰੇਮੀ ਬਣ ਜਾਂਦਾ ਹੈ, ਤਦੋਂ ਫੁਲਾਂ ਨਾਲ ਪਿਆਰ ਪਾਂਦਾ ਹੈ ॥੯॥
31192	725	ਅਪਿਉ ਪੀਵੈ ਜੋ ਨਾਨਕਾ ਭ੍ਰਮੁ ਭ੍ਰਮਿ ਸਮਾਵੈ॥		Apio Peevai Jo Naanakaa Bhram Bhram Samaavai ||	One who drinks in the ambrosia, O Nanak, abandons his doubts and wanderings.	ਹੇ ਨਾਨਕ! ਜੇਹੜਾ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਹੈ, ਉਸ (ਦੇ ਮਨ) ਦੀ ਭਟਕਣਾ ਅੰਦਰੇ ਅੰਦਰ ਹੀ ਮੁੱਕ ਜਾਂਦੀ ਹੈ।
31193	725	ਸਹਜੇ ਸਹਜੇ ਮਿਲਿ ਰਹੈ ਅਮਰਾਪਦੁ ਪਾਵੈ॥੧੦॥੧॥		Sehajae Sehajae Mil Rehai Amaraa Padh Paavai ||10||1||	Easily and intuitively, he remains blended with the Lord, and obtains the immortal status. ||10||1||	ਉਹ ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਉਹ ਮਨੁੱਖ ਉਹ ਆਤਮਕ ਦਰਜਾ ਪ੍ਰਾਪਤ ਕਰ ਲੈਂਦਾ ਹੈ ਜਿੱਥੇ ਆਤਮਕ ਮੌਤ ਨੇੜੇ ਨਹੀਂ ਢੁਕਦੀ ॥੧੦॥੧॥
31194	725	ਤਿਲੰਗ ਮਹਲਾ ੪॥		Thilang Mehalaa 4 ||	Tilang, Fourth Mehl:	

31195	725	ਹਰਿ ਕੀਆ ਕਥਾ ਕਹਾਣੀਆ ਗੁਰਿ ਮੀਤਿ ਸੁਣਾਈਆ॥		Har Keeaa Kathhaa Kehaaneeaa Gur Meeth Sunaaeeaa ||	The Guru, my friend, has told me the stories and the sermon of the Lord.	ਹੇ ਗੁਰਸਿੱਖ! ਮਿੱਤਰ ਗੁਰੂ ਨੇ (ਮੈਨੂੰ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਾਈਆਂ ਹਨ।
31196	725	ਬਲਿਹਾਰੀ ਗੁਰ ਆਪਣੇ ਗੁਰ ਕਉ ਬਲਿ ਜਾਈਆ॥੧॥		Balihaaree Gur Aapanae Gur Ko Bal Jaaeeaa ||1||	I am a sacrifice to my Guru; to the Guru, I am a sacrifice. ||1||	ਮੈਂ ਆਪਣੇ ਗੁਰੂ ਤੋਂ ਮੁੜ ਮੁੜ ਸਦਕੇ ਕੁਰਬਾਨ ਜਾਂਦਾ ਹਾਂ ॥੧॥
31197	725	ਆਇ ਮਿਲੁ ਗੁਰਸਿਖ ਆਇ ਮਿਲੁ ਤੂ ਮੇਰੇ ਗੁਰੂ ਕੇ ਪਿਆਰੇ॥ਰਹਾਉ॥		Aae Mil Gurasikh Aae Mil Thoo Maerae Guroo Kae Piaarae || Rehaao ||	Come, join with me, O Sikh of the Guru, come and join with me. You are my Guru's Beloved. ||Pause||	ਹੇ ਮੇਰੇ ਗੁਰੂ ਦੇ ਪਿਆਰੇ ਸਿੱਖ! ਮੈਨੂੰ ਆ ਕੇ ਮਿਲ, ਮੈਨੂੰ ਆ ਕੇ ਮਿਲ ਰਹਾਉ॥
31198	725	ਹਰਿ ਕੇ ਗੁਣ ਹਰਿ ਭਾਵਦੇ ਸੇ ਗੁਰੂ ਤੇ ਪਾਏ॥		Har Kae Gun Har Bhaavadhae Sae Guroo Thae Paaeae ||	The Glorious Praises of the Lord are pleasing to the Lord; I have obtained them from the Guru.	ਹੇ ਗੁਰਸਿੱਖ! ਪਰਮਾਤਮਾ ਦੇ ਗੁਣ (ਗਾਉਣੇ) ਪਰਮਾਤਮਾ ਨੂੰ ਪਸੰਦ ਆਉਂਦੇ ਹਨ। ਮੈਂ ਉਹ ਗੁਣ (ਗਾਉਣੇ) ਗੁਰੂ ਪਾਸੋਂ ਸਿੱਖੇ ਹਨ।

31199	725	ਜਿਨ ਗੁਰ ਕਾ ਭਾਣਾ ਮੰਨਿਆ ਤਿਨ ਘੁਮਿ ਘੁਮਿ ਜਾਏ॥੨॥		Jin Gur Kaa Bhaanaa Manniaa Thin Ghum Ghum Jaaeae ||2||	I am a sacrifice, a sacrifice to those who surrender to, and obey the Guru's Will. ||2||	ਮੈਂ ਉਹਨਾਂ (ਵਡ-ਭਾਗੀਆਂ ਤੋਂ) ਮੁੜ ਮੁੜ ਕੁਰਬਾਨ ਜਾਂਦਾ ਹਾਂ, ਜਿਨ੍ਹਾਂ ਨੇ ਗੁਰੂ ਦੇ ਹੁਕਮ ਨੂੰ (ਮਿੱਠਾ ਕਰ ਕੇ) ਮੰਨਿਆ ਹੈ ॥੨॥
31200	725	ਜਿਨ ਸਤਿਗੁਰੁ ਪਿਆਰਾ ਦੇਖਿਆ ਤਿਨ ਕਉ ਹਉ ਵਾਰੀ॥		Jin Sathigur Piaaraa Dhaekhiaa Thin Ko Ho Vaaree ||	I am dedicated and devoted to those who gaze upon the Beloved True Guru.	ਹੇ ਗੁਰਸਿੱਖ! ਮੈਂ ਉਹਨਾਂ ਤੋਂ ਸਦਕੇ ਜਾਂਦਾ ਹਾਂ, ਜਿਨ੍ਹਾਂ ਪਿਆਰੇ ਗੁਰੂ ਦਾ ਦਰਸਨ ਕੀਤਾ ਹੈ,
31201	725	ਜਿਨ ਗੁਰ ਕੀ ਕੀਤੀ ਚਾਕਰੀ ਤਿਨ ਸਦ ਬਲਿਹਾਰੀ॥੩॥		Jin Gur Kee Keethee Chaakaree Thin Sadh Balihaaree ||3||	I am forever a sacrifice to those who perform service for the Guru. ||3||	ਜਿਨ੍ਹਾਂ ਗੁਰੂ ਦੀ (ਦੱਸੀ) ਸੇਵਾ ਕੀਤੀ ਹੈ, ਉਨ੍ਹਾਂ ਤੋਂ ਸਦਾ ਸਦਕੇ ਜਾਂਦਾ ਹਾਂ ॥੩॥
31202	725	ਹਰਿ ਹਰਿ ਤੇਰਾ ਨਾਮੁ ਹੈ ਦੁਖ ਮੇਟਣਹਾਰਾ॥		Har Har Thaeraa Naam Hai Dhukh Maettanehaaraa ||	Your Name, O Lord, Har, Har, is the Destroyer of sorrow.	ਹੇ ਹਰੀ! ਤੇਰਾ ਨਾਮ ਸਾਰੇ ਦੁੱਖ ਦੂਰ ਕਰਨ ਦੇ ਸਮਰੱਥ ਹੈ,
31203	725	ਗੁਰ ਸੇਵਾ ਤੇ ਪਾਈਐ ਗੁਰਮੁਖਿ ਨਿਸਤਾਰਾ॥੪॥		Gur Saevaa Thae Paaeeai Guramukh Nisathaaraa ||4||	Serving the Guru, it is obtained, and as Gurmukh, one is emancipated. ||4||	(ਪਰ ਇਹ ਨਾਮ) ਗੁਰੂ ਦੀ ਸਰਨ ਪਿਆਂ ਹੀ ਮਿਲਦਾ ਹੈ। ਗੁਰੂ ਦੇ ਸਨਮੁਖ ਰਿਹਾਂ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕੀਦਾ ਹੈ ॥੪॥

31204	725	ਜੋ ਹਰਿ ਨਾਮੁ ਧਿਆਇਦੇ ਤੇ ਜਨ ਪਰਵਾਨਾ॥		Jo Har Naam Dhhiaaeidhae Thae Jan Paravaanaa ||	Those humble beings who meditate on the Lord's Name, are celebrated and acclaimed.	ਹੇ ਗੁਰਸਿੱਖ! ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ, ਉਹ ਮਨੁੱਖ (ਪਰਮਾਤਮਾ ਦੀ ਹਜ਼ੂਰੀ ਵਿਚ) ਕਬੂਲ ਹੋ ਜਾਂਦੇ ਹਨ।
31205	725	ਤਿਨ ਵਿਟਹੁ ਨਾਨਕੁ ਵਾਰਿਆ ਸਦਾ ਸਦਾ ਕੁਰਬਾਨਾ॥੫॥		Thin Vittahu Naanak Vaariaa Sadhaa Sadhaa Kurabaanaa ||5||	Nanak is a sacrifice to them, forever and ever a devoted sacrifice. ||5||	ਨਾਨਕ ਉਹਨਾਂ ਮਨੁੱਖਾਂ ਤੋਂ ਕੁਰਬਾਨ ਜਾਂਦਾ ਹੈ, ਸਦਾ ਸਦਕੇ ਜਾਂਦਾ ਹੈ ॥੫॥
31206	725	ਸਾ ਹਰਿ ਤੇਰੀ ਉਸਤਤਿ ਹੈ ਜੋ ਹਰਿ ਪ੍ਰਭ ਭਾਵੈ॥		Saa Har Thaeree Ousathath Hai Jo Har Prabh Bhaavai ||	O Lord, that alone is Praise to You, which is pleasing to Your Will, O Lord God.	ਹੇ ਹਰੀ! ਹੇ ਪ੍ਰਭੂ! ਉਹੀ ਸਿਫ਼ਤਿ-ਸਾਲਾਹ ਤੇਰੀ ਸਿਫ਼ਤਿ-ਸਾਲਾਹ ਕਹੀ ਜਾ ਸਕਦੀ ਹੈ ਜੇਹੜੀ ਤੈਨੂੰ ਪਸੰਦ ਆ ਜਾਂਦੀ ਹੈ।
31207	725	ਜੋ ਗੁਰਮੁਖਿ ਪਿਆਰਾ ਸੇਵਦੇ ਤਿਨ ਹਰਿ ਫਲੁ ਪਾਵੈ॥੬॥		Jo Guramukh Piaaraa Saevadhae Thin Har Fal Paavai ||6||	Those Gurmukhs, who serve their Beloved Lord, obtain Him as their reward. ||6||	(ਹੇ ਭਾਈ!) ਜੇਹੜੇ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਪਿਆਰੇ ਪ੍ਰਭੂ ਦੀ ਸੇਵਾ-ਭਗਤੀ ਕਰਦੇ ਹਨ, ਉਹਨਾਂ ਨੂੰ ਪ੍ਰਭੂ (ਸੁਖ-) ਫਲ ਦੇਂਦਾ ਹੈ ॥੬॥
31208	725	ਜਿਨਾ ਹਰਿ ਸੇਤੀ ਪਿਰਹੜੀ ਤਿਨਾ ਜੀਅ ਪ੍ਰਭ ਨਾਲੇ॥		Jinaa Har Saethee Pireharree Thinaa Jeea Prabh Naalae ||	Those who cherish love for the Lord, their souls are always with God.	ਹੇ ਭਾਈ! ਜਿਨ੍ਹਾਂ ਮਨੁੱਖਾਂ ਦਾ ਪਰਮਾਤਮਾ ਨਾਲ ਪਿਆਰ ਪੈ ਜਾਂਦਾ ਹੈ, ਉਹਨਾਂ ਦੇ ਦਿਲ (ਸਦਾ) ਪ੍ਰਭੂ (ਦੇ ਚਰਨਾਂ) ਨਾਲ ਹੀ (ਜੁੜੇ ਰਹਿੰਦੇ) ਹਨ।

31209	725	ਓਇ ਜਪਿ ਜਪਿ ਪਿਆਰਾ ਜੀਵਦੇ ਹਰਿ ਨਾਮੁ ਸਮਾਲੇ॥੭॥		Oue Jap Jap Piaaraa Jeevadhae Har Naam Samaalae ||7||	Chanting and meditating on their Beloved, they live in, and gather in, the Lord's Name. ||7||	ਉਹ ਮਨੁੱਖ ਪਿਆਰੇ ਪ੍ਰਭੂ ਨੂੰ ਸਦਾ ਸਿਮਰ ਸਿਮਰ ਕੇ, ਪ੍ਰਭੂ ਦਾ ਨਾਮ ਹਿਰਦੇ ਵਿਚ ਸੰਭਾਲ ਕੇ ਆਤਮਕ ਜੀਵਨ ਹਾਸਲ ਕਰਦੇ ਹਨ ॥੭॥
31210	725	ਜਿਨ ਗੁਰਮੁਖਿ ਪਿਆਰਾ ਸੇਵਿਆ ਤਿਨ ਕਉ ਘੁਮਿ ਜਾਇਆ॥		Jin Guramukh Piaaraa Saeviaa Thin Ko Ghum Jaaeiaa ||	I am a sacrifice to those Gurmukhs who serve their Beloved Lord.	ਹੇ ਭਾਈ! ਮੈਂ ਉਹਨਾਂ ਮਨੁੱਖਾਂ ਤੋਂ ਸਦਕੇ ਜਾਂਦਾ ਹਾਂ, ਜਿਨ੍ਹਾਂ ਨੇ ਗੁਰੂ ਦੀ ਸਰਨ ਪੈ ਕੇ ਪਿਆਰੇ ਪ੍ਰਭੂ ਦੀ ਸੇਵਾ-ਭਗਤੀ ਕੀਤੀ ਹੈ।
31211	725	ਓਇ ਆਪਿ ਛੁਟੇ ਪਰਵਾਰ ਸਿਉ ਸਭੁ ਜਗਤੁ ਛਡਾਇਆ ॥੮॥	ਜੱਗਤੁ	Oue Aap Shhuttae Paravaar Sio Sabh Jagath Shhaddaaeiaa ||8||	They themselves are saved, along with their families, and through them, all the world is saved. ||8||	ਉਹ ਮਨੁੱਖ ਆਪ (ਆਪਣੇ) ਪਰਵਾਰ ਸਮੇਤ (ਸੰਸਾਰ-ਸਮੁੰਦਰ ਦੇ ਵਿਕਾਰਾਂ ਤੋਂ) ਬਚ ਗਏ, ਉਹਨਾਂ ਸਾਰਾ ਸੰਸਾਰ ਭੀ ਬਚਾ ਲਿਆ ਹੈ ॥੮॥
31212	725	ਗੁਰਿ ਪਿਆਰੈ ਹਰਿ ਸੇਵਿਆ ਗੁਰੁ ਧੰਨੁ ਗੁਰੁ ਧੰਨੋ॥		Gur Piaarai Har Saeviaa Gur Dhhann Gur Dhhanno ||	My Beloved Guru serves the Lord. Blessed is the Guru, Blessed is the Guru.	ਹੇ ਭਾਈ! ਗੁਰੂ ਸਲਾਹੁਣ-ਜੋਗ ਹੈ, ਗੁਰੂ ਸਲਾਹੁਣ-ਜੋਗ ਹੈ, ਪਿਆਰੇ ਗੁਰੂ ਦੀ ਰਾਹੀਂ (ਹੀ) ਮੈਂ ਪਰਮਾਤਮਾ ਦੀ ਸੇਵਾ-ਭਗਤੀ ਸ਼ੁਰੂ ਕੀਤੀ ਹੈ।
31213	725	ਗੁਰਿ ਹਰਿ ਮਾਰਗੁ ਦਸਿਆ ਗੁਰ ਪੁੰਨੁ ਵਡ ਪੁੰਨੋ॥੯॥	ਦੱਸਿਆ	Gur Har Maarag Dhasiaa Gur Punn Vadd Punno ||9||	The Guru has shown me the Lord's Path; the Guru has done the greatest good deed. ||9||	ਮੈਨੂੰ ਗੁਰੂ ਨੇ (ਹੀ) ਪਰਮਾਤਮਾ (ਦੇ ਮਿਲਾਪ) ਦਾ ਰਸਤਾ ਦੱਸਿਆ ਹੈ। ਗੁਰੂ ਦਾ (ਮੇਰੇ ਉਤੇ ਇਹ) ਉਪਕਾਰ ਹੈ, ਵੱਡਾ ਉਪਕਾਰ ਹੈ ॥੯॥

31214	726	ਜੋ ਗੁਰਸਿਖ ਗੁਰੁ ਸੇਵਦੇ ਸੇ ਪੁੰਨ ਪਰਾਣੀ॥		Jo Gurasikh Gur Saevadhae Sae Punn Paraanee ||	Those Sikhs of the Guru, who serve the Guru, are the most blessed beings.	ਹੇ ਭਾਈ! ਗੁਰੂ ਦੇ ਜੇਹੜੇ ਸਿੱਖ ਗੁਰੂ ਦੀ (ਦੱਸੀ) ਸੇਵਾ ਕਰਦੇ ਹਨ, ਉਹ ਭਾਗਾਂ ਵਾਲੇ ਹੋ ਗਏ ਹਨ।
31215	726	ਜਨੁ ਨਾਨਕੁ ਤਿਨ ਕਉ ਵਾਰਿਆ ਸਦਾ ਸਦਾ ਕੁਰਬਾਣੀ॥੧੦॥		Jan Naanak Thin Ko Vaariaa Sadhaa Sadhaa Kurabaanee ||10||	Servant Nanak is a sacrifice to them; He is forever and ever a sacrifice. ||10||	ਦਾਸ ਨਾਨਕ ਉਹਨਾਂ ਤੋਂ ਸਦਕੇ ਜਾਂਦਾ ਹੈ, ਸਦਾ ਹੀ ਕੁਰਬਾਨ ਜਾਂਦਾ ਹੈ ॥੧੦॥
31216	726	ਗੁਰਮੁਖਿ ਸਖੀ ਸਹੇਲੀਆ ਸੇ ਆਪਿ ਹਰਿ ਭਾਈਆ॥		Guramukh Sakhee Sehaeleeaa Sae Aap Har Bhaaeeaa ||	The Lord Himself is pleased with the Gurmukhs, the fellowship of the companions.	ਹੇ ਭਾਈ! ਗੁਰੂ ਦੀ ਸਰਨ ਪੈ ਕੇ (ਪਰਸਪਰ ਪ੍ਰੇਮ ਨਾਲ ਰਹਿਣ ਵਾਲੀਆਂ ਸਤ-ਸੰਗੀ) ਸਹੇਲੀਆਂ (ਐਸੀਆਂ ਹੋ ਜਾਂਦੀਆਂ ਹਨ ਕਿ) ਉਹ ਆਪ ਪ੍ਰਭੂ ਨੂੰ ਪਿਆਰੀਆਂ ਲੱਗਦੀਆਂ ਹਨ।
31217	726	ਹਰਿ ਦਰਗਹ ਪੈਨਾਈਆ ਹਰਿ ਆਪਿ ਗਲਿ ਲਾਈਆ॥੧੧॥	ਪੈਨ੍ਹਾਈਆ	Har Dharageh Painaaeeaa Har Aap Gal Laaeeaa ||11||	In the Lord's Court, they are given robes of honor, and the Lord Himself hugs them close in His embrace. ||11||	ਪਰਮਾਤਮਾ ਦੀ ਹਜ਼ੂਰੀ ਵਿਚ ਉਹਨਾਂ ਨੂੰ ਆਦਰ ਮਿਲਦਾ ਹੈ, ਪਰਮਾਤਮਾ ਨੇ ਉਹਨਾਂ ਨੂੰ ਆਪ ਆਪਣੇ ਗਲ ਨਾਲ (ਸਦਾ) ਲਾ ਲਿਆ ਹੈ ॥੧੧॥

31218	726	ਜੋ ਗੁਰਮੁਖਿ ਨਾਮੁ ਧਿਆਇਦੇ ਤਿਨ ਦਰਸਨੁ ਦੀਜੈ॥		Jo Guramukh Naam Dhhiaaeidhae Thin Dharasan Dheejai ||	Please bless me with the Blessed Vision of the Darshan of those Gurmukhs, who meditate on the Naam, the Name of the Lord.	ਹੇ ਪ੍ਰਭੂ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ (ਤੇਰਾ) ਨਾਮ ਸਿਮਰਦੇ ਹਨ, ਉਹਨਾਂ ਦਾ ਮੈਨੂੰ ਦਰਸਨ ਬਖ਼ਸ਼।
31219	726	ਹਮ ਤਿਨ ਕੇ ਚਰਣ ਪਖਾਲਦੇ ਧੂੜਿ ਘੋਲਿ ਘੋਲਿ ਪੀਜੈ॥੧੨॥		Ham Thin Kae Charan Pakhaaladhae Dhhoorr Ghol Ghol Peejai ||12||	I wash their feet, and drink in the dust of their feet, dissolved in the wash water. ||12||	ਮੈਂ ਉਹਨਾਂ ਦੇ ਚਰਨ ਧੋਂਦਾ ਰਹਾਂ, ਤੇ, ਉਹਨਾਂ ਦੀ ਚਰਨ-ਧੂੜ ਘੋਲ ਘੋਲ ਕੇ ਪੀਂਦਾ ਰਹਾਂ ॥੧੨॥
31220	726	ਪਾਨ ਸੁਪਾਰੀ ਖਾਤੀਆ ਮੁਖਿ ਬੀੜੀਆ ਲਾਈਆ॥		Paan Supaaree Khaatheeaa Mukh Beerreeaa Laaeeaa ||	Those who eat betel nuts and betel leaf and apply lipstick,	ਹੇ ਭਾਈ! ਜੇਹੜੀਆਂ ਜੀਵ-ਇਸਤ੍ਰੀਆਂ ਪਾਨ ਸੁਪਾਰੀ ਆਦਿਕ ਖਾਂਦੀਆਂ ਰਹਿੰਦੀਆਂ ਹਨ, ਮੂੰਹ ਵਿਚ ਪਾਨ ਚਬਾਂਦੀਆਂ ਰਹਿੰਦੀਆਂ ਹਨ (ਭਾਵ, ਸਦਾ ਪਦਾਰਥਾਂ ਦੇ ਭੋਗਾਂ ਵਿਚ ਮਸਤ ਹਨ),
31221	726	ਹਰਿ ਹਰਿ ਕਦੇ ਨ ਚੇਤਿਓ ਜਮਿ ਪਕੜਿ ਚਲਾਈਆ॥੧੩॥		Har Har Kadhae N Chaethiou Jam Pakarr Chalaaeeaa ||13||	But do not contemplate the Lord, Har, Har - the Messenger of Death will seize them and take them away. ||13||	ਤੇ, ਜਿਨ੍ਹਾਂ ਨੇ ਪਰਮਾਤਮਾ ਦਾ ਨਾਮ ਕਦੇ ਭੀ ਨਾਹ ਸਿਮਰਿਆ, ਉਹਨਾਂ ਨੂੰ ਮੌਤ (ਦੇ ਗੇੜ) ਨੇ ਫੜ ਕੇ (ਸਦਾ ਲਈ) ਅੱਗੇ ਲਾ ਲਿਆ (ਉਹ ਚੌਰਾਸੀ ਦੇ ਗੇੜ ਵਿਚ ਪੈ ਗਈਆਂ) ॥੧੩॥

31222	726	ਜਿਨ ਹਰਿ ਨਾਮਾ ਹਰਿ ਚੇਤਿਆ ਹਿਰਦੈ ਉਰਿ ਧਾਰੇ॥		Jin Har Naamaa Har Chaethiaa Hiradhai Our Dhhaarae ||	The Messenger of Death does not even approach those who contemplate the Name of the Lord, Har, Har,	ਹੇ ਭਾਈ! ਜਿਨ੍ਹਾਂ ਆਪਣੇ ਮਨ ਵਿਚ ਹਿਰਦੇ ਵਿਚ ਟਿਕਾ ਕੇ ਪਰਮਾਤਮਾ ਦਾ ਨਾਮ ਸਿਮਰਿਆ,
31223	726	ਤਿਨ ਜਮੁ ਨੇੜਿ ਨ ਆਵਈ ਗੁਰਸਿਖ ਗੁਰ ਪਿਆਰੇ॥੧੪॥		Thin Jam Naerr N Aavee Gurasikh Gur Piaarae ||14||	And keep Him enshrined in their hearts. The Guru's Sikhs are the Guru's Beloveds. ||14||	ਉਹਨਾਂ ਗੁਰੂ ਦੇ ਪਿਆਰੇ ਗੁਰਸਿੱਖਾਂ ਦੇ ਨੇੜੇ ਮੌਤ (ਦਾ ਡਰ) ਨਹੀਂ ਆਉਂਦਾ ॥੧੪॥
31224	726	ਹਰਿ ਕਾ ਨਾਮੁ ਨਿਧਾਨੁ ਹੈ ਕੋਈ ਗੁਰਮੁਖਿ ਜਾਣੈ॥		Har Kaa Naam Nidhhaan Hai Koee Guramukh Jaanai ||	The Name of the Lord is a treasure, known only to the few Gurmukhs.	ਹੇ ਭਾਈ! ਪਰਮਾਤਮਾ ਦਾ ਨਾਮ ਖ਼ਜ਼ਾਨਾ ਹੈ, ਕੋਈ ਵਿਰਲਾ ਮਨੁੱਖ ਗੁਰੂ ਦੀ ਸਰਨ ਪੈ ਕੇ (ਨਾਮ ਨਾਲ) ਸਾਂਝ ਪਾਂਦਾ ਹੈ।
31225	726	ਨਾਨਕ ਜਿਨ ਸਤਿਗੁਰੁ ਭੇਟਿਆ ਰੰਗਿ ਰਲੀਆ ਮਾਣੈ॥੧੫॥		Naanak Jin Sathigur Bhaettiaa Rang Raleeaa Maanai ||15||	O Nanak, those who meet with the True Guru, enjoy peace and pleasure. ||15||	ਹੇ ਨਾਨਕ! (ਆਖ-) ਜਿਨ੍ਹਾਂ ਮਨੁੱਖਾਂ ਨੂੰ ਗੁਰੂ ਮਿਲ ਪੈਂਦਾ ਹੈ, ਉਹ (ਹਰੇਕ ਮਨੁੱਖ) ਹਰਿ-ਨਾਮ ਦੇ ਪ੍ਰੇਮ ਵਿਚ ਜੁੜ ਕੇ ਆਤਮਕ ਆਨੰਦ ਮਾਣਦਾ ਹੈ ॥੧੫॥
31226	726	ਸਤਿਗੁਰੁ ਦਾਤਾ ਆਖੀਐ ਤੁਸਿ ਕਰੇ ਪਸਾਓ॥	ਤੁੱਸਿ	Sathigur Dhaathaa Aakheeai Thus Karae Pasaaou ||	The True Guru is called the Giver; in His Mercy, He grants His Grace.	ਹੇ ਭਾਈ! ਗੁਰੂ ਨੂੰ (ਹੀ ਨਾਮ ਦੀ ਦਾਤਿ) ਦੇਣ ਵਾਲਾ ਆਖਣਾ ਚਾਹੀਦਾ ਹੈ। ਗੁਰੂ ਤੁੱਠ ਕੇ (ਨਾਮ ਦੇਣ ਦੀ) ਕਿਰੱਪਾ ਕਰਦਾ ਹੈ।

31227	726	ਹਉ ਗੁਰ ਵਿਟਹੁ ਸਦ ਵਾਰਿਆ ਜਿਨਿ ਦਿਤੜਾ ਨਾਓ॥੧੬॥		Ho Gur Vittahu Sadh Vaariaa Jin Dhitharraa Naaou ||16||	I am forever a sacrifice to the Guru, who has blessed me with the Lord's Name. ||16||	ਮੈਂ (ਤਾਂ) ਸਦਾ ਗੁਰੂ ਤੋਂ (ਹੀ) ਕੁਰਬਾਨ ਜਾਂਦਾ ਹਾਂ, ਜਿਸ ਨੇ (ਮੈਨੂੰ) ਪਰਮਾਤਮਾ ਦਾ ਨਾਮ ਦਿੱਤਾ ਹੈ ॥੧੬॥
31228	726	ਸੋ ਧੰਨੁ ਗੁਰੂ ਸਾਬਾਸਿ ਹੈ ਹਰਿ ਦੇਇ ਸਨੇਹਾ॥		So Dhhann Guroo Saabaas Hai Har Dhaee Sanaehaa ||	Blessed, very blessed is the Guru, who brings the Lord's message.	ਹੇ ਭਾਈ! ਉਹ ਗੁਰੂ ਸਲਾਹੁਣ-ਜੋਗ ਹੈ, ਉਸ ਗੁਰੂ ਦੀ ਵਡਿਆਈ ਕਰਨੀ ਚਾਹੀਦੀ ਹੈ, ਜੇਹੜਾ ਪਰਮਾਤਮਾ ਦਾ ਨਾਮ ਜਪਣ ਦਾ ਉਪਦੇਸ਼ ਦੇਂਦਾ ਹੈ।
31229	726	ਹਉ ਵੇਖਿ ਵੇਖਿ ਗੁਰੂ ਵਿਗਸਿਆ ਗੁਰ ਸਤਿਗੁਰ ਦੇਹਾ॥੧੭॥	ਵਿਗ-ਸਿਆ:ਪੋਲਾ ਬੋਲੋ	Ho Vaekh Vaekh Guroo Vigasiaa Gur Sathigur Dhaehaa ||17||	I gaze upon the Guru, the Guru, the True Guru embodied, and I blossom forth in bliss. ||17||	ਮੈਂ (ਤਾਂ) ਗੁਰੂ ਨੂੰ ਵੇਖ ਵੇਖ ਕੇ ਗੁਰੂ ਦਾ (ਸੋਹਣਾ) ਸਰੀਰ ਵੇਖ ਕੇ ਖਿੜ ਰਿਹਾ ਹਾਂ ॥੧੭॥
31230	726	ਗੁਰ ਰਸਨਾ ਅੰਮ੍ਰਿਤੁ ਬੋਲਦੀ ਹਰਿ ਨਾਮਿ ਸੁਹਾਵੀ॥		Gur Rasanaa Anmrith Boladhee Har Naam Suhaavee ||	The Guru's tongue recites Words of Ambrosial Nectar; He is adorned with the Lord's Name.	ਹੇ ਭਾਈ! ਗੁਰੂ ਦੀ ਜੀਭ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਉਚਾਰਦੀ ਹੈ, ਹਰਿ-ਨਾਮ (ਉਚਾਰਨ ਦੇ ਕਾਰਨ ਸੋਹਣੀ ਲੱਗਦੀ ਹੈ।

31231	726	ਜਿਨ ਸੁਣਿ ਸਿਖਾ ਗੁਰੁ ਮੰਨਿਆ ਤਿਨਾ ਭੁਖ ਸਭ ਜਾਵੀ॥੧੮॥	ਸਿੱਖਾਂ	Jin Sun Sikhaa Gur Manniaa Thinaa Bhukh Sabh Jaavee ||18||	Those Sikhs who hear and obey the Guru - all their desires depart. ||18||	ਜਿਨ੍ਹਾਂ ਭੀ ਸਿੱਖਾਂ ਨੇ (ਗੁਰੂ ਦਾ ਉਪਦੇਸ਼) ਸੁਣ ਕੇ ਗੁਰੂ ਉੱਤੇ ਯਕੀਨ ਲਿਆਂਦਾ ਹੈ, ਉਹਨਾਂ ਦੀ (ਮਾਇਆ ਦੀ) ਸਾਰੀ ਭੁੱਖ ਦੂਰ ਹੋ ਗਈ ਹੈ ॥੧੮॥
31232	726	ਹਰਿ ਕਾ ਮਾਰਗੁ ਆਖੀਐ ਕਹੁ ਕਿਤੁ ਬਿਧਿ ਜਾਈਐ॥		Har Kaa Maarag Aakheeai Kahu Kith Bidhh Jaaeeai ||	Some speak of the Lord's Path; tell me, how can I walk on it?	ਹੇ ਭਾਈ! (ਹਰਿ-ਨਾਮ ਸਿਮਰਨ ਹੀ) ਪਰਮਾਤਮਾ (ਦੇ ਮਿਲਾਪ) ਦਾ ਰਸਤਾ ਕਿਹਾ ਜਾਂਦਾ ਹੈ। ਹੇ ਭਾਈ! ਦੱਸ, ਕਿਸ ਤਰੀਕੇ ਨਾਲ (ਇਸ ਰਸਤੇ ਉੱਤੇ) ਤੁਰ ਸਕੀਦਾ ਹੈ?
31233	726	ਹਰਿ ਹਰਿ ਤੇਰਾ ਨਾਮੁ ਹੈ ਹਰਿ ਖਰਚੁ ਲੈ ਜਾਈਐ॥੧੯॥		Har Har Thaeraa Naam Hai Har Kharach Lai Jaaeeai ||19||	O Lord, Har, Har, Your Name is my supplies; I will take it with me and set out. ||19||	ਹੇ ਪ੍ਰਭੂ! ਤੇਰਾ ਨਾਮ ਹੀ (ਰਸਤੇ ਦਾ) ਖ਼ਰਚ ਹੈ, ਇਹ ਖ਼ਰਚ ਪੱਲੇ ਬੰਨ੍ਹ ਕੇ (ਇਸ ਰਸਤੇ ਉੱਤੇ) ਤੁਰਨਾ ਚਾਹੀਦਾ ਹੈ ॥੧੯॥
31234	726	ਜਿਨ ਗੁਰਮੁਖਿ ਹਰਿ ਆਰਾਧਿਆ ਸੇ ਸਾਹ ਵਡ ਦਾਣੇ॥		Jin Guramukh Har Aaraadhhiaa Sae Saah Vadd Dhaanae ||	Those Gurmukhs who worship and adore the Lord, are wealthy and very wise.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਜਪਿਆ ਹੈ ਉਹ ਵੱਡੇ ਸਿਆਣੇ ਸ਼ਾਹ ਬਣ ਗਏ ਹਨ।

31235	726	ਹਉ ਸਤਿਗੁਰ ਕਉ ਸਦ ਵਾਰਿਆ ਗੁਰ ਬਚਨਿ ਸਮਾਣੇ॥੨੦॥		Ho Sathigur Ko Sadh Vaariaa Gur Bachan Samaanae ||20||	I am forever a sacrifice to the True Guru; I am absorbed in the Words of the Guru's Teachings. ||20||	ਮੈਂ ਸਦਾ ਗੁਰੂ ਤੋਂ ਕੁਰਬਾਨ ਜਾਂਦਾ ਹਾਂ, ਗੁਰੂ ਦੇ ਬਚਨ ਦੀ ਰਾਹੀਂ (ਪਰਮਾਤਮਾ ਦੇ ਨਾਮ ਵਿਚ) ਲੀਨ ਹੋ ਸਕੀਦਾ ਹੈ ॥੨੦॥
31236	726	ਤੂ ਠਾਕੁਰੁ ਤੂ ਸਾਹਿਬੋ ਤੂਹੈ ਮੇਰਾ ਮੀਰਾ॥		Thoo Thaakur Thoo Saahibo Thoohai Maeraa Meeraa ||	You are the Master, my Lord and Master; You are my Ruler and King.	ਹੇ ਪ੍ਰਭੂ! ਤੂੰ ਮੇਰਾ ਮਾਲਕ ਹੈਂ ਤੂੰ ਮੇਰਾ ਸਾਹਿਬ ਹੈਂ, ਤੂੰ ਹੀ ਮੇਰਾ ਪਾਤਿਸ਼ਾਹ ਹੈਂ।
31237	726	ਤੁਧੁ ਭਾਵੈ ਤੇਰੀ ਬੰਦਗੀ ਤੂ ਗੁਣੀ ਗਹੀਰਾ॥੨੧॥		Thudhh Bhaavai Thaeree Bandhagee Thoo Gunee Geheeraa ||21||	If it is pleasing to Your Will, then I worship and serve You; You are the treasure of virtue. ||21||	ਜੇ ਤੈਨੂੰ ਪਸੰਦ ਆਵੇ, ਤਾਂ ਹੀ ਤੇਰੀ ਭਗਤੀ ਕੀਤੀ ਜਾ ਸਕਦੀ ਹੈ। ਤੂੰ ਗੁਣਾਂ ਦਾ ਖ਼ਜ਼ਾਨਾ ਹੈਂ, ਤੂੰ ਡੂੰਘੇ ਜਿਗਰੇ ਵਾਲਾ ਹੈਂ ॥੨੧॥
31238	726	ਆਪੇ ਹਰਿ ਇਕ ਰੰਗੁ ਹੈ ਆਪੇ ਬਹੁ ਰੰਗੀ॥		Aapae Har Eik Rang Hai Aapae Bahu Rangee ||	The Lord Himself is absolute; He is The One and Only; but He Himself is also manifested in many forms.	(ਹੇ ਭਾਈ!) ਪਰਮਾਤਮਾ ਆਪ ਹੀ (ਨਿਰਗੁਣ ਸਰੂਪ ਵਿਚ) ਇਕੋ ਇਕ ਹਸਤੀ ਹੈ, ਤੇ, ਆਪ ਹੀ (ਸਰਗੁਣ ਸਰੂਪ ਵਿਚ) ਅਨੇਕਾਂ ਰੂਪਾਂ ਵਾਲਾ ਹੈ।

31239	726	ਜੋ ਤਿਸੁ ਭਾਵੈ ਨਾਨਕਾ ਸਾਈ ਗਲ ਚੰਗੀ॥੨੨॥੨॥		Jo This Bhaavai Naanakaa Saaee Gal Changee ||22||2||	Whatever pleases Him, O Nanak, that alone is good. ||22||2||	ਹੇ ਨਾਨਕ! (ਆਖ-) ਜੇਹੜੀ ਗੱਲ ਉਸ ਨੂੰ ਚੰਗੀ ਲੱਗਦੀ ਹੈ, ਉਹੀ ਗੱਲ ਜੀਵਾਂ ਦੇ ਭਲੇ ਵਾਸਤੇ ਹੁੰਦੀ ਹੈ ॥੨੨॥੨॥
31240	726	ਤਿਲੰਗ ਮਹਲਾ ੯ ਕਾਫੀ		Thilang Mehalaa 9 Kaafee	Tilang, Ninth Mehl, Kaafee:	ਰਾਗ ਤਿਲੰਗ ਵਿੱਚ ਗੁਰੂ ਤੇਗਬਹਾਦਰ ਜੀ ਦੀ ਬਾਣੀ।
31241	726	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31242	726	ਚੇਤਨਾ ਹੈ ਤਉ ਚੇਤ ਲੈ ਨਿਸਿ ਦਿਨਿ ਮੈ ਪ੍ਰਾਨੀ॥		Chaethanaa Hai Tho Chaeth Lai Nis Dhin Mai Praanee ||	If you are conscious, then be conscious of Him night and day, O mortal.	ਹੇ ਮਨੁੱਖ! ਜੇ ਤੂੰ ਪਰਮਾਤਮਾ ਦਾ ਨਾਮ ਸਿਮਰਨਾ ਹੈ, ਤਾਂ ਦਿਨ ਰਾਤ ਇੱਕ ਕਰ ਕੇ ਸਿਮਰਨਾ ਸ਼ੁਰੂ ਕਰ ਦੇ,
31243	726	ਛਿਨੁ ਛਿਨੁ ਅਉਧ ਬਿਹਾਤੁ ਹੈ ਫੂਟੈ ਘਟ ਜਿਉ ਪਾਨੀ॥੧॥ਰਹਾਉ॥	ਘਟ:ਪੋਲਾ ਬੋਲੋ	Shhin Shhin Aoudhh Bihaath Hai Foottai Ghatt Jio Paanee ||1|| Rehaao ||	Each and every moment, your life is passing away, like water from a cracked pitcher. ||1||Pause||	(ਕਿਉਂਕਿ) ਜਿਵੇਂ ਤ੍ਰੇੜੇ ਹੋਏ ਘੜੇ ਵਿਚੋਂ ਪਾਣੀ (ਸਹਜੇ ਸਹਜੇ ਨਿਕਲਦਾ ਰਹਿੰਦਾ ਹੈ, ਤਿਵੇਂ ਹੀ) ਇਕ ਇਕ ਛਿਨ ਕਰ ਕੇ ਉਮਰ ਬੀਤਦੀ ਜਾ ਰਹੀ ਹੈ ॥੧॥ ਰਹਾਉ ॥
31244	726	ਹਰਿ ਗੁਨ ਕਾਹਿ ਨ ਗਾਵਹੀ ਮੂਰਖ ਅਗਿਆਨਾ॥		Har Gun Kaahi N Gaavehee Moorakh Agiaanaa ||	Why do you not sing the Glorious Praises of the Lord, you ignorant fool?	ਹੇ ਮੂਰਖ! ਹੇ ਬੇ-ਸਮਝ! ਤੂੰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਕਿਉਂ ਨਹੀਂ ਗਾਂਦਾ?

31245	726	ਝੂਠੈ ਲਾਲਚਿ ਲਾਗਿ ਕੈ ਨਹਿ ਮਰਨੁ ਪਛਾਨਾ॥੧॥		Jhoothai Laalach Laag Kai Nehi Maran Pashhaanaa ||1||	You are attached to false greed, and you do not even consider death. ||1||	ਮਾਇਆ ਦੇ ਝੂਠੇ ਲਾਲਚ ਵਿਚ ਫਸ ਕੇ ਤੂੰ ਮੌਤ ਨੂੰ (ਭੀ) ਚੇਤੇ ਨਹੀਂ ਕਰਦਾ ॥੧॥
31246	726	ਅਜਹੂ ਕਛੁ ਬਿਗਰਿਓ ਨਹੀ ਜੋ ਪ੍ਰਭ ਗੁਨ ਗਾਵੈ॥		Ajehoo Kashh Bigariou Nehee Jo Prabh Gun Gaavai ||	Even now, no harm has been done, if you will only sing God's Praises.	ਪਰ, ਜੇ ਮਨੁੱਖ ਪਰਮਾਤਮਾ ਦੇ ਗੁਣ ਗਾਣੇ ਸ਼ੁਰੂ ਕਰ ਦੇਵੇ (ਭਾਵੇਂ ਸਿਮਰਨ-ਹੀਨਤਾ ਵਿਚ ਕਿਤਨੀ ਭੀ ਉਮਰ ਗੁਜ਼ਰ ਚੁਕੀ ਹੋਵੇ) ਫਿਰ ਭੀ ਕੋਈ ਨੁਕਸਾਨ ਨਹੀਂ ਹੁੰਦਾ, (ਕਿਉਂਕਿ)
31247	726	ਕਹੁ ਨਾਨਕ ਤਿਹ ਭਜਨ ਤੇ ਨਿਰਭੈ ਪਦੁ ਪਾਵੈ॥੨॥੧॥		Kahu Naanak Thih Bhajan Thae Nirabhai Padh Paavai ||2||1||	Says Nanak, by meditating and vibrating upon Him, you shall obtain the state of fearlessness. ||2||1||	ਨਾਨਕ ਆਖਦਾ ਹੈ- ਉਸ ਪਰਮਾਤਮਾ ਦੇ ਭਜਨ ਦੀ ਬਰਕਤਿ ਨਾਲ ਮਨੁੱਖ ਉਹ ਆਤਮਕ ਦਰਜਾ ਪ੍ਰਾਪਤ ਕਰ ਲੈਂਦਾ ਹੈ, ਜਿੱਥੇ ਕੋਈ ਡਰ ਪੋਹ ਨਹੀਂ ਸਕਦਾ ॥੨॥੧॥
31248	726	ਤਿਲੰਗ ਮਹਲਾ ੯॥		Thilang Mehalaa 9 ||	Tilang, Ninth Mehl:	
31249	726	ਜਾਗਿ ਲੇਹੁ ਰੇ ਮਨਾ ਜਾਗਿ ਲੇਹੁ॥ ਕਹਾ ਗਾਫਲ ਸੋਇਆ॥		Jaag Laehu Rae Manaa Jaag Laehu Kehaa Gaafal Soeiaa ||	Wake up, O mind! Wake up! Why are you sleeping unaware?	ਹੇ ਮਨ! ਹੋਸ਼ ਕਰ, ਹੋਸ਼ ਕਰ! ਤੂੰ ਕਿਉਂ (ਮਾਇਆ ਦੇ ਮੋਹ ਵਿਚ) ਬੇ-ਪਰਵਾਹ ਹੋ ਕੇ ਸੌਂ ਰਿਹਾ ਹੈਂ?

31250	726	ਜੋ ਤਨੁ ਉਪਜਿਆ ਸੰਗ ਹੀ ਸੋ ਭੀ ਸੰਗ ਨ ਹੋਇਆ॥੧॥ਰਹਾਉ ॥		Jo Than Oupajiaa Sang Hee So Bhee Sang N Hoeiaa ||1|| Rehaao ||	That body, which you were born with, shall not go along with you in the end. ||1||Pause||	(ਵੇਖ,) ਜੇਹੜਾ (ਇਹ) ਸਰੀਰ (ਮਨੁੱਖ ਦੇ) ਨਾਲ ਹੀ ਪੈਦਾ ਹੁੰਦਾ ਹੈ; ਇਹ ਭੀ (ਆਖ਼ਰ) ਨਾਲ ਨਹੀਂ ਜਾਂਦਾ ॥੧॥ ਰਹਾਉ ॥
31251	726	ਮਾਤ ਪਿਤਾ ਸੁਤ ਬੰਧ ਜਨ ਹਿਤੁ ਜਾ ਸਿਉ ਕੀਨਾ॥		Maath Pithaa Suth Bandhh Jan Hith Jaa Sio Keenaa ||	Mother, father, children and relatives whom you love,	ਹੇ ਮਨ! (ਵੇਖ,) ਮਾਂ, ਪਿਉ, ਪੁੱਤਰ, ਰਿਸ਼ਤੇਦਾਰ-ਜਿਨ੍ਹਾਂ ਨਾਲ ਮਨੁੱਖ (ਸਾਰੀ ਉਮਰ) ਪਿਆਰ ਕਰਦਾ ਰਹਿੰਦਾ ਹੈ,
31252	726	ਜੀਉ ਛੂਟਿਓ ਜਬ ਦੇਹ ਤੇ ਡਾਰਿ ਅਗਨਿ ਮੈ ਦੀਨਾ॥੧॥		Jeeo Shhoottiou Jab Dhaeh Thae Ddaar Agan Mai Dheenaa ||1||	Will throw your body into the fire, when your soul departs from it. ||1||	ਜਦੋਂ ਜਿੰਦ ਸਰੀਰ ਵਿਚੋਂ ਵੱਖ ਹੁੰਦੀ ਹੈ, ਤਦੋਂ (ਉਹ ਸਾਰੇ ਰਿਸ਼ਤੇਦਾਰ, ਉਸ ਦੇ ਸਰੀਰ ਨੂੰ) ਅੱਗ ਵਿਚ ਪਾ ਦੇਂਦੇ ਹਨ ॥੧॥
31253	727	ਜੀਵਤ ਲਉ ਬਿਉਹਾਰੁ ਹੈ ਜਗ ਕਉ ਤੁਮ ਜਾਨਉ॥	ਜੱਗ	Jeevath Lo Biouhaar Hai Jag Ko Thum Jaano ||	Your worldly affairs exist only as long as you are alive; know this well.	(ਹੇ ਮਨ!) ਜਗਤ ਨੂੰ ਤੂੰ ਇਉਂ ਹੀ ਸਮਝ (ਕਿ ਇਥੇ) ਜ਼ਿੰਦਗੀ ਤਕ ਹੀ ਵਰਤਣ-ਵਿਹਾਰ ਰਹਿੰਦਾ ਹੈ।
31254	727	ਨਾਨਕ ਹਰਿ ਗੁਨ ਗਾਇ ਲੈ ਸਭ ਸੁਫਨ ਸਮਾਨਉ॥੨॥੨॥		Naanak Har Gun Gaae Lai Sabh Sufan Samaano ||2||2||	O Nanak, sing the Glorious Praises of the Lord; everything is like a dream. ||2||2||	ਹੇ ਨਾਨਕ! (ਆਖ-) ਉਂਞ, ਇਹ ਸਾਰਾ ਸੁਪਨੇ ਵਾਂਗ ਹੀ ਹੈ। (ਇਸ ਵਾਸਤੇ ਜਦ ਤਕ ਜੀਊਂਦਾ ਹੈਂ) ਪਰਮਾਤਮਾ ਦੇ ਗੁਣ ਗਾਂਦਾ ਰਹੁ ॥੨॥੨॥

31255	727	ਤਿਲੰਗ ਮਹਲਾ ੯॥		Thilang Mehalaa 9 ||	Tilang, Ninth Mehl:	
31256	727	ਹਰਿ ਜਸੁ ਰੇ ਮਨਾ ਗਾਇ ਲੈ ਜੋ ਸੰਗੀ ਹੈ ਤੇਰੋ॥		Har Jas Rae Manaa Gaae Lai Jo Sangee Hai Thaero ||	Sing the Lord's Praises, O mind; He is your only true companion.	ਹੇ ਮਨ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ ਕਰ, ਇਹ ਸਿਫ਼ਤਿ-ਸਾਲਾਹ ਹੀ ਤੇਰਾ ਅਸਲੀ ਸਾਥੀ ਹੈ।
31257	727	ਅਉਸਰੁ ਬੀਤਿਓ ਜਾਤੁ ਹੈ ਕਹਿਓ ਮਾਨ ਲੈ ਮੇਰੋ॥੧॥ਰਹਾਉ॥		Aousar Beethiou Jaath Hai Kehiou Maan Lai Maero ||1|| Rehaao ||	Your time is passing away; listen carefully to what I say. ||1||Pause||	ਮੇਰਾ ਬਚਨ ਮੰਨ ਲੈ। ਉਮਰ ਦਾ ਸਮਾ ਲੰਘਦਾ ਜਾ ਰਿਹਾ ਹੈ ॥੧॥ ਰਹਾਉ ॥
31258	727	ਸੰਪਤਿ ਰਥ ਧਨ ਰਾਜ ਸਿਉ ਅਤਿ ਨੇਹੁ ਲਗਾਇਓ॥		Sanpath Rathh Dhhan Raaj Sio Ath Naehu Lagaaeiou ||	You are so in love with property, chariots, wealth and power.	ਹੇ ਮਨ! ਮਨੁੱਖ ਧਨ-ਪਦਾਰਥ, ਰਥ, ਮਾਲ, ਰਾਜ ਨਾਲ ਬੜਾ ਮੋਹ ਕਰਦਾ ਹੈ।
31259	727	ਕਾਲ ਫਾਸ ਜਬ ਗਲਿ ਪਰੀ ਸਭ ਭਇਓ ਪਰਾਇਓ॥੧॥		Kaal Faas Jab Gal Paree Sabh Bhaeiou Paraaeiou ||1||	When the noose of death tightens around your neck, they will all belong to others. ||1||	ਪਰ ਜਦੋਂ ਮੌਤ ਦੀ ਫਾਹੀ (ਉਸ ਦੇ) ਗਲ ਵਿਚ ਪੈਂਦੀ ਹੈ, ਹਰੇਕ ਚੀਜ਼ ਬਿਗਾਨੀ ਹੋ ਜਾਂਦੀ ਹੈ ॥੧॥
31260	727	ਜਾਨਿ ਬੂਝਿ ਕੈ ਬਾਵਰੇ ਤੈ ਕਾਜੁ ਬਿਗਾਰਿਓ॥		Jaan Boojh Kai Baavarae Thai Kaaj Bigaariou ||	Know this well, O madman - you have ruined your affairs.	ਹੇ ਝੱਲੇ ਮਨੁੱਖ! ਇਹ ਸਭ ਕੁਝ ਜਾਣਦਾ ਹੋਇਆ ਸਮਝਦਾ ਹੋਇਆ ਭੀ ਤੂੰ ਆਪਣਾ ਕੰਮ ਵਿਗਾੜ ਰਿਹਾ ਹੈਂ।

31261	727	ਪਾਪ ਕਰਤ ਸੁਕਚਿਓ ਨਹੀ ਨਹ ਗਰਬੁ ਨਿਵਾਰਿਓ॥੨॥	(ਸੁਕ-ਚਿਓ) ਸੰਕੋਚ ਨਹੀਂ ਕੀਤਾ। ਸੁਕਚਿਓ:ਪੋਲਾ ਬੋਲੋ	Paap Karath Sukachiou Nehee Neh Garab Nivaariou ||2||	You did not restrain yourself from committing sins, and you did not eradicate your ego. ||2||	ਤੂੰ ਪਾਪ ਕਰਦਾ (ਕਦੇ) ਸੰਗਦਾ ਨਹੀਂ, ਤੂੰ (ਇਸ ਧਨ-ਪਦਾਰਥ ਦਾ) ਮਾਣ ਭੀ ਦੂਰ ਨਹੀਂ ਕਰਦਾ ॥੨॥
31262	727	ਜਿਹ ਬਿਧਿ ਗੁਰ ਉਪਦੇਸਿਆ ਸੋ ਸੁਨੁ ਰੇ ਭਾਈ॥		Jih Bidhh Gur Oupadhaesiaa So Sun Rae Bhaaee ||	So listen to the Teachings imparted by the Guru, O Siblings of Destiny.	ਹੇ ਭਾਈ! ਗੁਰੂ ਨੇ (ਮੈਨੂੰ) ਜਿਸ ਤਰ੍ਹਾਂ ਉਪਦੇਸ਼ ਕੀਤਾ ਹੈ, ਉਹ (ਤੂੰ ਭੀ) ਸੁਣ ਲੈ।
31263	727	ਨਾਨਕ ਕਹਤ ਪੁਕਾਰਿ ਕੈ ਗਹੁ ਪ੍ਰਭ ਸਰਨਾਈ॥੩॥੩॥		Naanak Kehath Pukaar Kai Gahu Prabh Saranaaee ||3||3||	Nanak proclaims: hold tight to the Protection and the Sanctuary of God. ||3||3||	ਨਾਨਕ (ਤੈਨੂੰ) ਪੁਕਾਰ ਕੇ ਆਖਦਾ ਹੈ-(ਕਿ) ਪ੍ਰਭੂ ਦੀ ਸਰਨ ਪਿਆ ਰਹੁ (ਸਦਾ ਪ੍ਰਭੂ ਦਾ ਨਾਮ ਜਪਿਆ ਕਰ) ॥੩॥੩॥
31264	727	ਤਿਲੰਗ ਬਾਣੀ ਭਗਤਾ ਕੀ ਕਬੀਰ ਜੀ		Thilang Baanee Bhagathaa Kee Kabeer Jee	Tilang, The Word Of Devotee Kabeer Jee:	ਰਾਗ ਤਿਲੰਗ ਵਿੱਚ ਭਗਤਾਂ ਦੀ ਬਾਣੀ; ਕਬੀਰ ਜੀ ਦੀ।
31265	727	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

31266	727	ਬੇਦ ਕਤੇਬ ਇਫਤਰਾ ਭਾਈ ਦਿਲ ਕਾ ਫਿਕਰੁ ਨ ਜਾਇ॥	(ਇਫਤਰਾ)ਝੂਠੀ ਗੱਲ,ਜੰਗਲ, ਉਜਾੜ ਵਾਂਗ ਹਨ।	Baedh Kathaeb Eifatharaa Bhaaee Dhil Kaa Fikar N Jaae ||	The Vedas and the Scriptures are only make-believe, O Siblings of Destiny; they do not relieve the anxiety of the heart.	ਹੇ ਭਾਈ! (ਵਾਦ-ਵਿਵਾਦ ਦੀ ਖ਼ਾਤਰ) ਵੇਦਾਂ ਕਤੇਬਾਂ ਦੇ ਹਵਾਲੇ ਦੇ ਦੇ ਕੇ ਵਧ ਗੱਲਾਂ ਕਰਨ ਨਾਲ (ਮਨੁੱਖ ਦੇ ਆਪਣੇ) ਦਿਲ ਦਾ ਸਹਿਮ ਦੂਰ ਨਹੀਂ ਹੁੰਦਾ।
31267	727	ਟੁਕੁ ਦਮੁ ਕਰਾਰੀ ਜਉ ਕਰਹੁ ਹਾਜਿਰ ਹਜੂਰਿ ਖੁਦਾਇ॥੧॥	(ਟੁਕੁ)ਥੋੜ੍ਹੇ ਜਿਹੇ। (ਦਮੁ)ਸਾਹ। (ਕਰਾਰੀ) ਰੋਕਣਾ ਕਰੋ। ਟੁਕੁ, ਦਮੁ:ਪੋਲੇ ਬੋਲੋ	Ttuk Dham Karaaree Jo Karahu Haajir Hajoor Khudhaae ||1||	If you will only center yourself on the Lord, even for just a breath, then you shall see the Lord face-to-face, present before you. ||1||	(ਹੇ ਭਾਈ!) ਜੇ ਤੁਸੀ ਆਪਣੇ ਮਨ ਨੂੰ ਪਲਕ ਭਰ ਹੀ ਟਿਕਾਓ, ਤਾਂ ਤੁਹਾਨੂੰ ਸਭਨਾਂ ਵਿਚ ਹੀ ਵੱਸਦਾ ਰੱਬ ਦਿੱਸੇਗਾ (ਕਿਸੇ ਦੇ ਵਿਰੁੱਧ ਤਰਕ ਕਰਨ ਦੀ ਲੋੜ ਨਹੀਂ ਪਏਗੀ) ॥੧॥
31268	727	ਬੰਦੇ ਖੋਜੁ ਦਿਲ ਹਰ ਰੋਜ ਨਾ ਫਿਰੁ ਪਰੇਸਾਨੀ ਮਾਹਿ॥	(ਪਰੇਸਾਨੀ)ਹੈਰਾਨਗੀ	Bandhae Khoj Dhil Har Roj Naa Fir Paraesaanee Maahi ||	O human being, search your own heart every day, and do not wander around in confusion.	ਹੇ ਭਾਈ! (ਆਪਣੇ ਹੀ) ਦਿਲ ਨੂੰ ਹਰ ਵੇਲੇ ਖੋਜ, (ਬਹਿਸ ਮੁਬਾਹਸੇ ਦੀ) ਘਬਰਾਹਟ ਵਿਚ ਨਾਹ ਭਟਕ।
31269	727	ਇਹ ਜੁ ਦੁਨੀਆ ਸਿਹਰੁ ਮੇਲਾ ਦਸਤਗੀਰੀ ਨਾਹਿ॥੧॥ਰਹਾਉ॥	(ਸਿਹਰੁ)ਜਾਦੂ ਦਾ (ਮੇਲਾ) ਇਕੱਠ ਝੂਠਾ ਹੈ।ਦਸਤ-ਗੀਰੀ	Eih J Dhuneeaa Sihar Maelaa Dhasathageeree Naahi ||1|| Rehaao ||	This world is just a magic-show; no one will be holding your hand. ||1||Pause||	ਇਹ ਜਗਤ ਇਕ ਜਾਦੂ ਜਿਹਾ ਹੈ, ਇਕ ਤਮਾਸ਼ਾ ਜਿਹਾ ਹੈ, (ਇਸ ਵਿਚੋਂ ਇਸ ਵਿਅਰਥ ਵਾਦ-ਵਿਵਾਦ ਦੀ ਰਾਹੀਂ) ਹੱਥ-ਪੱਲੇ ਪੈਣ ਵਾਲੀ ਕੋਈ ਸ਼ੈ ਨਹੀਂ ॥੧॥ ਰਹਾਉ ॥

31270	727	ਦਰੋਗੁ ਪੜਿ ਪੜਿ ਖੁਸੀ ਹੋਇ ਬੇਖਬਰ ਬਾਦੁ ਬਕਾਹਿ॥	(ਦਰੋਗੁ)ਝੂਠ। (ਬਕਾਹਿ)ਬਕਬਾਸ। ਬੇ-ਖਬਰ	Dharog Parr Parr Khusee Hoe Baekhabar Baadh Bakaahi ||	Reading and studying falsehood, people are happy; in their ignorance, they speak nonsense.	ਬੇ-ਸਮਝ ਲੋਕ (ਅਨ-ਮਤਾਂ ਦੇ ਧਰਮ-ਪੁਸਤਕਾਂ ਬਾਰੇ ਇਹ) ਪੜ੍ਹ ਪੜ੍ਹ ਕੇ (ਕਿ ਇਹਨਾਂ ਵਿਚ ਜੋ ਲਿਖਿਆ ਹੈ) ਝੂਠ (ਹੈ), ਖ਼ੁਸ਼ ਹੋ ਹੋ ਕੇ ਬਹਿਸ ਕਰਦੇ ਹਨ।
31271	727	ਹਕੁ ਸਚੁ ਖਾਲਕੁ ਖਲਕ ਮਿਆਨੇ ਸਿਆਮ ਮੂਰਤਿ ਨਾਹਿ॥੨॥	(ਖਾਲਕੁ)ਪ੍ਰਮੇਸ਼ਰ। (ਮਿਆਨੇ) ਵਿੱਚ। ਹੱਕੁ	Hak Sach Khaalak Khalak Miaanae Siaam Moorath Naahi ||2||	The True Creator Lord is diffused into His creation; He is not just the dark-skinned Krishna of legends. ||2||	(ਪਰ ਉਹ ਇਹ ਨਹੀਂ ਜਾਣਦੇ ਕਿ) ਸਦਾ ਕਾਇਮ ਰਹਿਣ ਵਾਲਾ ਰੱਬ ਖ਼ਲਕਤ ਵਿਚ (ਭੀ) ਵੱਸਦਾ ਹੈ, (ਨਾਹ ਉਹ ਵੱਖਰਾ ਸੱਤਵੇਂ ਅਸਮਾਨ ਤੇ ਬੈਠਾ ਹੈ ਤੇ) ਨਾਹ ਉਹ ਪਰਮਾਤਮਾ ਕ੍ਰਿਸ਼ਨ ਦੀ ਮੂਰਤੀ ਹੈ ॥੨॥
31272	727	ਅਸਮਾਨ ਮ੍ਹਿਾਨੇ ਲਹੰਗ ਦਰੀਆ ਗੁਸਲ ਕਰਦਨ ਬੂਦ॥	ਰਿਦੇ ਰੂਪ ਅਸਮਾਨ। (ਮ੍ਹਿਾਨੇ)ਵਿੱਚ। (ਦਰੀਆ)ਦਰਿਆ ਰੂਪ ਪ੍ਰਮੇਸ਼ਰ ਨੂੰ। (ਲਹੰਗ)ਜਾਨਣ ਰੂਪ। (ਗੁਸਲ)ਇਸ਼ਨਾਨ। ਕਰ -ਦਨ: ਕਰਨਾ ਕਰ। ਮਿਆਨੇ (੨. ਕਰਦ ਨ)	Asamaan Miyaanae Lehang Dhareeaa Gusal Karadhan Boodh ||	Through the Tenth Gate, the stream of nectar flows; take your bath in this.	(ਸਤਵੇਂ ਅਸਮਾਨ ਦੇ ਵਿਚ ਬੈਠਾ ਸਮਝਣ ਦੇ ਥਾਂ, ਹੇ ਭਾਈ!) ਉਹ ਪ੍ਰਭੂ-ਰੂਪ ਦਰਿਆ ਤੇ ਅੰਤਹਕਰਨ ਵਿਚ ਲਹਿਰਾਂ ਮਾਰ ਰਿਹਾ ਹੈ, ਤੂੰ ਉਸ ਵਿਚ ਇਸ਼ਨਾਨ ਕਰਨਾ ਸੀ।

31273	727	ਕਰਿ ਫਕਰੁ ਦਾਇਮ ਲਾਇ ਚਸਮੇ ਜਹ ਤਹਾ ਮਉਜੂਦ॥੩॥	(ਦਾਇਮ)ਹਮੇਸ਼ਾ ਗਿਆਨ ਰੂਪ। (ਮਉਜੂਦੁ)ਪ੍ਰਤੱਖ। ਫੱਕਰੁ	Kar Fakar Dhaaeim Laae Chasamae Jeh Thehaa Moujoodh ||3||	Serve the Lord forever; use your eyes, and see Him ever-present everywhere. ||3||	ਸੋ, ਉਸ ਦੀ ਸਦਾ ਬੰਦਗੀ ਕਰ, (ਇਹ ਭਗਤੀ ਦੀ) ਐਨਕ ਲਾ (ਕੇ ਵੇਖ), ਉਹ ਹਰ ਥਾਂ ਮੌਜੂਦ ਹੈ ॥੩॥
31274	727	ਅਲਾਹ ਪਾਕੰ ਪਾਕ ਹੈ ਸਕ ਕਰਉ ਜੇ ਦੂਸਰ ਹੋਇ॥	ਅੱਲਾਹ। ਸੱਕ	Alaah Paakan Paak Hai Sak Karo Jae Dhoosar Hoe ||	The Lord is the purest of the pure; only through doubt could there be another.	ਰੱਬ ਸਭ ਤੋਂ ਪਵਿੱਤਰ (ਹਸਤੀ) ਹੈ (ਉਸ ਤੋਂ ਪਵਿੱਤਰ ਕੋਈ ਹੋਰ ਨਹੀਂ ਹੈ), ਇਸ ਗੱਲ ਵਿਚ ਮੈਂ ਤਾਂ ਹੀ ਸ਼ੱਕ ਕਰਾਂ, ਜੇ ਉਸ ਰੱਬ ਵਰਗਾ ਕੋਈ ਹੋਰ ਦੂਜਾ ਹੋਵੇ।
31275	727	ਕਬੀਰ ਕਰਮੁ ਕਰੀਮ ਕਾ ਉਹੁ ਕਰੈ ਜਾਨੈ ਸੋਇ॥੪॥੧॥		Kabeer Karam Kareem Kaa Ouhu Karai Jaanai Soe ||4||1||	O Kabeer, mercy flows from the Merciful Lord; He alone knows who acts. ||4||1||	ਹੇ ਕਬੀਰ! (ਇਸ ਭੇਤ ਨੂੰ) ਉਹ ਮਨੁੱਖ ਹੀ ਸਮਝ ਸਕਦਾ ਹੈ ਜਿਸ ਨੂੰ ਉਹ ਸਮਝਣ-ਜੋਗ ਬਣਾਏ। ਤੇ, ਇਹ ਬਖ਼ਸ਼ਸ਼ ਉਸ ਬਖ਼ਸ਼ਸ਼ ਕਰਨ ਵਾਲੇ ਦੇ ਆਪਣੇ ਹੱਥ ਹੈ ॥੪॥੧॥
31276	727	ਨਾਮਦੇਵ ਜੀ॥		Naamadhaev Jee ||	Naam Dayv Jee:	
31277	727	ਮੈ ਅੰਧੁਲੇ ਕੀ ਟੇਕ ਤੇਰਾ ਨਾਮੁ ਖੁੰਦਕਾਰਾ॥	(ਖੁੰਦਕਾਰਾ)ਹੇ ਪਾਤਿਸਾਹ ਵਾਹਿਗੁਰੂ ਜੀ!	Mai Andhhulae Kee Ttaek Thaeraa Naam Khundhakaaraa ||	I am blind; Your Name, O Creator Lord, is my only anchor and support.	ਹੇ ਮੇਰੇ ਪਾਤਿਸ਼ਾਹ! ਤੇਰਾ ਨਾਮ ਮੈਂ ਅੰਨ੍ਹੇ ਦੀ ਡੰਗੋਰੀ ਹੈ, ਸਹਾਰਾ ਹੈ;

31278	727	ਮੈ ਗਰੀਬ ਮੈ ਮਸਕੀਨ ਤੇਰਾ ਨਾਮੁ ਹੈ ਅਧਾਰਾ॥੧॥ਰਹਾਉ ॥		Mai Gareeb Mai Masakeen Thaeraa Naam Hai Adhhaaraa ||1|| Rehaao ||	I am poor, and I am meek. Your Name is my only support. ||1||Pause||	ਮੈਂ ਕੰਗਾਲ ਹਾਂ, ਮੈਂ ਆਜਿਜ਼ ਹਾਂ, ਤੇਰਾ ਨਾਮ (ਹੀ) ਮੇਰਾ ਆਸਰਾ ਹੈ ॥੧॥ ਰਹਾਉ ॥
31279	727	ਕਰੀਮਾਂ ਰਹੀਮਾਂ ਅਲਾਹ ਤੂ ਗਨੀ॥	ਅੱਲਾਹ। (ਗਨੀ)ਧਨੀ	Kareemaan Reheemaan Alaah Thoo Gananaee ||	O beautiful Lord, benevolent and merciful Lord, You are so wealthy and generous.	ਹੇ ਅੱਲਾਹ! ਹੇ ਕਰੀਮ! ਹੇ ਰਹੀਮ! ਤੂੰ (ਹੀ) ਅਮੀਰ ਹੈਂ,
31280	727	ਹਾਜਰਾ ਹਜੂਰਿ ਦਰਿ ਪੇਸਿ ਤੂੰ ਮਨੀ॥੧॥	(ਦਰਿ)ਅੰਦਰ। (ਪੇਸਿ)ਅੱਗੇ। (ਮਨੀ)ਸਭ ਮਨਾਂ ਚ	Haajaraa Hajoor Dhar Paes Thoon Mananaee ||1||	You are ever-present in every presence, within and before me. ||1||	ਤੂੰ ਹਰ ਵੇਲੇ ਮੇਰੇ ਸਾਹਮਣੇ ਹੈਂ (ਫਿਰ, ਮੈਨੂੰ ਕਿਸੇ ਹੋਰ ਦੀ ਕੀਹ ਮੁਥਾਜੀ?) ॥੧॥
31281	727	ਦਰੀਆਉ ਤੂ ਦਿਹੰਦ ਤੂ ਬਿਸੀਆਰ ਤੂ ਧਨੀ॥	(ਦਿ-ਹੰਦ)ਦਾਤਾਂ ਦੇਣ ਵਾਲੇ। (ਬਿਸੀਆਰ)ਵੱਡੇ। (ਧਨੀ)ਨਾਮ ਧਨ ਵਾਲੇ। (ਧਨੀ)ਸਭ ਦੇ ਮਾਲਕ। ਦਰੀ-ਆਉ	Dhareeaao Thoo Dhihandh Thoo Biseeaar Thoo Dhhanee ||	You are the river of life, You are the Giver of all; You are so very wealthy.	ਤੂੰ (ਰਹਿਮਤ ਦਾ) ਦਰੀਆ ਹੈਂ, ਤੂੰ ਦਾਤਾ ਹੈਂ, ਤੂੰ ਬਹੁਤ ਹੀ ਧਨ ਵਾਲਾ ਹੈਂ;
31282	727	ਦੇਹਿ ਲੇਹਿ ਏਕੁ ਤੂੰ ਦਿਗਰ ਕੋ ਨਹੀ॥੨॥	ਦਿਗਰ:ਪੋਲਾ ਬੋਲੋ	Dhaehi Laehi Eaek Thoon Dhigar Ko Nehee ||2||	You alone give, and You alone take away; there is no other at all. ||2||	ਇੱਕ ਤੂੰ ਹੀ (ਜੀਵਾਂ ਨੂੰ ਪਦਾਰਥ) ਦੇਂਦਾ ਹੈਂ, ਤੇ ਮੋੜ ਲੈਂਦਾ ਹੈਂ, ਕੋਈ ਹੋਰ ਐਸਾ ਨਹੀਂ (ਜੋ ਇਹ ਸਮਰੱਥਾ ਰੱਖਦਾ ਹੋਵੇ) ॥੨॥

31283	727	ਤੂੰ ਦਾਨਾਂ ਤੂੰ ਬੀਨਾਂ ਮੈ ਬੀਚਾਰੁ ਕਿਆ ਕਰੀ॥		Thoon Dhaanaan Thoon Beenaan Mai Beechaar Kiaa Karee ||	You are wise, You are the supreme seer; how could I make You an object of thought?	(ਹੇ ਮਾਲਕ!) ਤੂੰ (ਸਭ ਦੇ ਦਿਲ ਦੀ) ਜਾਣਨ ਵਾਲਾ ਹੈਂ ਤੇ (ਸਭ ਦੇ ਕੰਮ) ਵੇਖਣ ਵਾਲਾ ਹੈਂ; ਹੇ ਹਰੀ! ਮੈਂ ਤੇਰਾ ਕਿਹੜਾ ਕਿਹੜਾ ਗੁਣ ਬਿਆਨ ਕਰਾਂ?
31284	727	ਨਾਮੇ ਚੇ ਸੁਆਮੀ ਬਖਸੰਦ ਤੂੰ ਹਰੀ॥੩॥੧॥੨॥		Naamae Chae Suaamee Bakhasandh Thoon Haree ||3||1||2||	O Lord and Master of Naam Dayv, You are the merciful Lord of forgiveness. ||3||1||2||	ਹੇ ਨਾਮਦੇਵ ਦੇ ਖਸਮ! ਹੇ ਹਰੀ! ਤੂੰ ਸਭ ਬਖ਼ਸ਼ਸ਼ਾਂ ਕਰਨ ਵਾਲਾ ਹੈਂ ॥੩॥੧॥੨॥
31285	727	ਹਲੇ ਯਾਰਾਂ ਹਲੇ ਯਾਰਾਂ ਖੁਸਿਖਬਰੀ॥		Halae Yaaraan Halae Yaaraan Khusikhabaree ||	Hello, my friend, hello my friend. Is there any good news?	ਹੇ ਸੱਜਣ! ਹੇ ਪਿਆਰੇ! ਤੇਰੀ ਸੋਇ ਠੰਢ ਪਾਣ ਵਾਲੀ ਹੈ (ਭਾਵ, ਤੇਰੀਆਂ ਕਥਾਂ ਕਹਾਣੀਆਂ ਸੁਣ ਕੇ ਮੈਨੂੰ ਠੰਡ ਪੈਂਦੀ ਹੈ);
31286	727	ਬਲਿ ਬਲਿ ਜਾਂਉ ਹਉ ਬਲਿ ਬਲਿ ਜਾਂਉ॥		Bal Bal Jaano Ho Bal Bal Jaano ||	I am a sacrifice, a devoted sacrifice, a dedicated and devoted sacrifice, to You.	ਮੈਂ ਤੈਥੋਂ ਸਦਾ ਸਦਕੇ ਹਾਂ, ਕੁਰਬਾਨ ਹਾਂ।
31287	727	ਨੀਕੀ ਤੇਰੀ ਬਿਗਾਰੀ ਆਲੇ ਤੇਰਾ ਨਾਉ॥੧॥ਰਹਾਉ॥	(ਬਿਗਾਰੀ)ਵਗਾਰ ਭਾਉ ਭਗਤੀ। (ਨੀਕੀ) ਚੰਗੀ। (ਆਲੇ)ਸੋਹਣਾ	Neekee Thaeree Bigaaree Aalae Thaeraa Naao ||1|| Rehaao ||	Slavery to You is so sublime; Your Name is noble and exalted. ||1||Pause||	(ਹੇ ਮਿੱਤਰ!) ਤੇਰਾ ਨਾਮ (ਮੈਨੂੰ) ਸਭ ਤੋਂ ਵਧੀਕ ਪਿਆਰਾ (ਲੱਗਦਾ) ਹੈ, (ਇਸ ਨਾਮ ਦੀ ਬਰਕਤ ਨਾਲ ਹੀ, ਦੁਨੀਆ ਦੀ ਕਿਰਤ ਵਾਲੀ) ਤੇਰੀ ਦਿੱਤੀ ਹੋਈ ਵਿਗਾਰ ਭੀ (ਮੈਨੂੰ) ਮਿੱਠੀ ਲੱਗਦੀ ਹੈ ॥੧॥ ਰਹਾਉ ॥

31288	727	ਕੁਜਾ ਆਮਦ ਕੁਜਾ ਰਫਤੀ ਕੁਜਾ ਮੇਰਵੀ॥	(ਕੁਜਾ)ਕਿੱਥੋਂ। ਕੁਜਾ:ਪੋਲਾ ਬੋਲੋ। (ਆਮਦ)ਆਏ ਹੋਂ ਜੀ। (ਰਫਤੀ)ਗਏ ਸੀ। (ਮੇ-ਰਵੀ)ਜਾਓਂਗੇ	Kujaa Aamadh Kujaa Rafathee Kujaa Mae Ravee ||	Where did you come from? Where have You been? And where are You going?	(ਹੇ ਸੱਜਣ!) ਨਾਹ ਤੂੰ ਕਿਤੋਂ ਆਇਆ, ਨਾਹ ਤੂੰ ਕਿਤੇ ਕਦੇ ਗਿਆ ਅਤੇ ਨਾਹ ਤੂੰ ਜਾ ਰਿਹਾ ਹੈਂ (ਭਾਵ, ਤੂੰ ਸਦਾ ਅਟੱਲ ਹੈਂ)
31289	727	ਦ੍ਵਾਰਿਕਾ ਨਗਰੀ ਰਾਸਿ ਬੁਗੋਈ॥੧॥	ਦੁਆਰਿਕਾ। ਨੱਗਰੀ	Dhvaarikaa Nagaree Raas Bugoee ||1||	Tell me the truth, in the holy city of Dwaarikaa. ||1||	ਦੁਆਰਕਾ ਨਗਰੀ ਵਿਚ ਰਾਸ ਭੀ ਤੂੰ ਆਪ ਹੀ ਪਾਂਦਾ ਹੈਂ (ਭਾਵ, ਕਿਸ਼ਨ ਭੀ ਤੂੰ ਆਪ ਹੀ ਹੈਂ) ॥੧॥
31290	727	ਖੂਬੁ ਤੇਰੀ ਪਗਰੀ ਮੀਠੇ ਤੇਰੇ ਬੋਲ॥	ਪੱਗਰੀ	Khoob Thaeree Pagaree Meethae Thaerae Bol ||	How handsome is your turban! And how sweet is your speech.	ਹੇ ਯਾਰ! ਸੋਹਣੀ ਤੇਰੀ ਪੱਗ ਹੈ (ਭਾਵ, ਸੋਹਣਾ ਤੇਰਾ ਸਰੂਪ ਹੈ) ਤੇ ਪਿਆਰੇ ਤੇਰੇ ਬਚਨ ਹਨ,
31291	727	ਦ੍ਵਾਰਿਕਾ ਨਗਰੀ ਕਾਹੇ ਕੇ ਮਗੋਲ॥੨॥		Dhvaarikaa Nagaree Kaahae Kae Magol ||2||	Why are there Moghals in the holy city of Dwaarikaa? ||2||	ਨਾਹ ਤੂੰ ਸਿਰਫ਼ ਦੁਆਰਕਾ ਵਿਚ ਹੈਂ ਤੇ ਨਾਹ ਤੂੰ ਸਿਰਫ਼ ਮੁਸਲਮਾਨੀ ਧਰਮ ਦੇ ਕੇਂਦਰ ਮੱਕੇ ਵਿਚ ਹੈਂ (ਭਾਵ, ਤੂੰ ਹਰ ਥਾਂ ਹੈਂ) ॥੨॥
31292	727	ਚੰਦੀਂ ਹਜਾਰ ਆਲਮ ਏਕ ਲਖਾਨਾਂ॥	(ਆਲਮ)ਸੰਸਾਰ। (ਲਖਾਨਾਂ)ਜਾਣਿਆਂ	Chandhanaee Hajaar Aalam Eaekal Khaanaan ||	You alone are the Lord of so many thousands of worlds.	(ਸ੍ਰਿਸ਼ਟੀ ਦੇ) ਕਈ ਹਜ਼ਾਰਾਂ ਮੰਡਲਾਂ ਦਾ ਤੂੰ ਇਕੱਲਾ (ਆਪ ਹੀ) ਮਾਲਕ ਹੈਂ।
31293	727	ਹਮ ਚਿਨੀ ਪਾਤਿਸਾਹ ਸਾਂਵਲੇ ਬਰਨਾਂ॥੩॥	(ਹਮ)ਤਮਾਮ। (ਚਿਨੀ)ਐਸੇ। ਚਿਨੀ:ਪੋਲਾ ਬੋਲੋ	Ham Chinee Paathisaah Saanvalae Baranaan ||3||	You are my Lord King, like the dark-skinned Krishna. ||3||	ਹੇ ਪਾਤਸ਼ਾਹ! ਇਹੋ ਜਿਹਾ ਹੀ ਸਾਉਲੇ ਰੰਗ ਵਾਲਾ ਕ੍ਰਿਸ਼ਨ ਹੈ (ਭਾਵ, ਕ੍ਰਿਸ਼ਨ ਭੀ ਤੂੰ ਆਪ ਹੀ ਹੈਂ) ॥੩॥

31294	727	ਅਸਪਤਿ ਗਜਪਤਿ ਨਰਹ ਨਰਿੰਦ॥	ਨਰਿੰਦ-ਪਾਤਿਸ਼ਾਹ, ਬ੍ਰਹਮ।	Asapath Gajapath Nareh Narindh ||	You are the Lord of the sun, Lord Indra and Lord Brahma, the King of men.	ਤੂੰ ਆਪ ਹੀ ਸੂਰਜ-ਦੇਵਤਾ ਹੈਂ, ਤੂੰ ਆਪ ਹੀ ਇੰਦ੍ਰ ਹੈਂ, ਤੇ ਤੂੰ ਆਪ ਹੀ ਬ੍ਰਹਮਾ ਹੈਂ,
31295	727	ਨਾਮੇ ਕੇ ਸ੍ਵਾਮੀ ਮੀਰ ਮੁਕੰਦ॥੪॥੨॥੩॥		Naamae Kae Svaamee Meer Mukandh ||4||2||3||	You are the Lord and Master of Naam Dayv, the King, the Liberator of all. ||4||2||3||	ਹੇ ਨਾਮਦੇਵ ਦੇ ਖਸਮ ਪ੍ਰਭੂ! ਤੂੰ ਆਪ ਹੀ ਮੀਰ ਹੈਂ ਤੂੰ ਆਪ ਹੀ ਕ੍ਰਿਸ਼ਨ ਹੈਂ ॥੪॥੨॥੩॥
31296	728	੧ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31297	728	ਰਾਗੁ ਸੂਹੀ ਮਹਲਾ ੧ ਚਉਪਦੇ ਘਰੁ ੧॥		Raag Soohee Mehalaa 1 Choupadhae Ghar 1	Raag Soohee, First Mehl, Chau-Padas, First House:	ਰਾਗ ਸੂਹੀ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।

31298	728	ਭਾਂਡਾ ਧੋਇ ਬੈਸਿ ਧੂਪੁ ਦੇਵਹੁ ਤਉ ਦੂਧੈ ਕਉ ਜਾਵਹੁ॥		Bhaanddaa Dhhoe Bais Dhhoop Dhaevahu Tho Dhoodhhai Ko Jaavahu ||	Wash the vessel, sit down and anoint it with fragrance; then, go out and get the milk.	(ਮੱਖਣ ਹਾਸਲ ਕਰਨ ਲਈ, ਹੇ ਭਾਈ!) ਤੁਸੀ (ਪਹਿਲਾਂ) ਭਾਂਡਾ ਧੋ ਕੇ ਬੈਠ ਕੇ (ਉਸ ਭਾਂਡੇ ਨੂੰ) ਧੂਪ ਦੇ ਕੇ ਤਦੋਂ ਦੁੱਧ ਲੈਣ ਜਾਂਦੇ ਹੋ (ਫਿਰ ਜਾਗ ਲਾ ਕੇ ਉਸ ਨੂੰ ਜਮਾਂਦੇ ਹੋ। ਇਸੇ ਤਰ੍ਹਾਂ ਜੇ ਨਾਮ-ਅੰਮ੍ਰਿਤ ਪ੍ਰਾਪਤ ਕਰਨਾ ਹੈ, ਤਾਂ) ਹਿਰਦੇ ਨੂੰ ਪਵਿਤ੍ਰ ਕਰ ਕੇ ਮਨ ਨੂੰ ਰੋਕੋ-ਇਹ ਇਸ ਹਿਰਦਾ-ਭਾਂਡੇ ਨੂੰ ਧੂਪ ਦਿਉ। ਤਦੋਂ ਦੁੱਧ ਲੈਣ ਜਾਵੋ।
31299	728	ਦੂਧੁ ਕਰਮ ਫੁਨਿ ਸੁਰਤਿ ਸਮਾਇਣੁ ਹੋਇ ਨਿਰਾਸ ਜਮਾਵਹੁ॥੧॥		Dhoodhh Karam Fun Surath Samaaein Hoe Niraas Jamaavahu ||1||	Add the rennet of clear consciousness to the milk of good deeds, and then, free of desire, let it curdle. ||1||	ਰੋਜ਼ਾਨਾ ਕਿਰਤ-ਕਾਰ ਦੁੱਧ ਹੈ, ਪ੍ਰਭੂ-ਚਰਨਾਂ ਵਿਚ (ਹਰ ਵੇਲੇ) ਸੁਰਤ ਜੋੜੀ ਰੱਖਣੀ (ਰੋਜ਼ਾਨਾ ਕਿਰਤ-ਕਾਰ ਵਿੱਚ) ਜਾਗ ਲਾਣੀ ਹੈ, (ਜੁੜੀ ਸੁਰਤ ਦੀ ਬਰਕਤਿ ਨਾਲ) ਦੁਨੀਆਂ ਦੀਆਂ ਆਸਾਂ ਤੋਂ ਉਤਾਂਹ ਉਠੋ, ਇਸ ਤਰ੍ਹਾਂ ਇਹ ਦੁੱਧ ਜਮਾਵੋ (ਭਾਵ, ਜੁੜੀ ਸੁਰਤ ਦੀ ਸਹਾਇਤਾ ਨਾਲ ਰੋਜ਼ਾਨਾ ਕਿਰਤ-ਕਾਰ ਕਰਦਿਆਂ ਭੀ ਮਾਇਆ ਵਲੋਂ ਉਪਰਾਮਤਾ ਜੇਹੀ ਹੀ ਰਹੇਗੀ) ॥੧॥
31300	728	ਜਪਹੁ ਤ ਏਕੋ ਨਾਮਾ॥		Japahu Th Eaeko Naamaa ||	Chant the Name of the One Lord.	(ਹੇ ਭਾਈ! ਜੇ ਪ੍ਰਭੂ ਨੂੰ ਪ੍ਰਸੰਨ ਕਰਨਾ ਹੈ) ਤਾਂ ਸਿਰਫ਼ ਪ੍ਰਭੂ-ਨਾਮ ਹੀ ਜਪੋ।

31301	728	ਅਵਰਿ ਨਿਰਾਫਲ ਕਾਮਾ॥੧॥ਰਹਾਉ॥		Avar Niraafal Kaamaa ||1|| Rehaao ||	All other actions are fruitless. ||1||Pause||	(ਸਿਮਰਨ ਛੱਡ ਕੇ ਪ੍ਰਭੂ ਨੂੰ ਪ੍ਰਸੰਨ ਕਰਨ ਦੇ) ਹੋਰ ਸਾਰੇ ਉੱਦਮ ਵਿਅਰਥ ਹਨ ॥੧॥ ਰਹਾਉ ॥
31302	728	ਇਹੁ ਮਨੁ ਈਟੀ ਹਾਥਿ ਕਰਹੁ ਫੁਨਿ ਨੇਤ੍ਰਉ ਨੀਦ ਨ ਆਵੈ॥	(ਈਟੀ)ਗੁੱਲੀਆਂ	Eihu Man Eettee Haathh Karahu Fun Naethro Needh N Aavai ||	Let your mind be the handles, and then churn it, without sleeping.	(ਦੁੱਧ ਰਿੜਕਣ ਵੇਲੇ ਤੁਸੀ ਨੇਤ੍ਰੇ ਦੀਆਂ ਈਟੀਆਂ ਹੱਥ ਵਿਚ ਫੜਦੇ ਹੋ) ਆਪਣੇ ਇਸ ਮਨ ਨੂੰ ਵੱਸ ਵਿਚ ਕਰੋ (ਆਤਮਕ ਜੀਵਨ ਦੇ ਵਾਸਤੇ ਇਸ ਤਰ੍ਹਾਂ ਇਹ ਮਨ-ਰੂਪ) ਈਟੀਆਂ ਹੱਥ ਵਿਚ ਫੜੋ। ਮਾਇਆ ਦੇ ਮੋਹ ਦੀ ਨੀਂਦ (ਮਨ ਉੱਤੇ) ਪ੍ਰਭਾਵ ਨ ਪਾਏ-ਇਹ ਹੈ ਨੇਤ੍ਰਾ।
31303	728	ਰਸਨਾ ਨਾਮੁ ਜਪਹੁ ਤਬ ਮਥੀਐ ਇਨ ਬਿਧਿ ਅੰਮ੍ਰਿਤੁ ਪਾਵਹੁ॥੨॥	ਮਥੀਐ,ਬਿਧਿ:ਪੋਲੇ ਬੋਲੋ	Rasanaa Naam Japahu Thab Mathheeai Ein Bidhh Anmrith Paavahu ||2||	If you chant the Naam, the Name of the Lord ,with your tongue, then the curd will be churned. In this way, the Ambrosial Nectar is obtained. ||2||	ਜੀਭ ਨਾਲ ਪਰਮਾਤਮਾ ਦਾ ਨਾਮ ਜਪੋ (ਜਿਉਂ ਜਿਉਂ ਨਾਮ ਜਪੋਗੇ,) ਤਿਉਂ ਤਿਉਂ (ਇਹ ਰੋਜ਼ਾਨਾ ਕਿਰਤ-ਕਾਰ-ਰੂਪ ਦੁੱਧ) ਰਿੜਕੀਂਦਾ ਰਹੇਗਾ, ਇਹਨਾਂ ਤਰੀਕਿਆਂ ਨਾਲ (ਰੋਜ਼ਾਨਾ ਕਿਰਤ-ਕਾਰ ਕਰਦੇ ਹੋਏ ਹੀ) ਨਾਮ-ਅੰਮ੍ਰਿਤ ਪ੍ਰਾਪਤ ਕਰ ਲਵੋਗੇ ॥੨॥

31304	728	ਮਨੁ ਸੰਪਟੁ ਜਿਤੁ ਸਤ ਸਰਿ ਨਾਵਣੁ ਭਾਵਨ ਪਾਤੀ ਤ੍ਰਿਪਤਿ ਕਰੇ॥	ਨ੍ਹਾਵਣੁ, ਪੱਤੀ	Man Sanpatt Jith Sath Sar Naavan Bhaavan Paathee Thripath Karae ||	Wash your mind in the pool of Truth, and let it be the vessel of the Lord; let this be your offering to please Him.	(ਪੁਜਾਰੀ ਮੂਰਤੀ ਨੂੰ ਡੱਬੇ ਵਿਚ ਪਾਂਦਾ ਹੈ, ਜੇ ਜੀਵ) ਆਪਣੇ ਮਨ ਨੂੰ ਡੱਬਾ ਬਣਾਏ (ਉਸ ਵਿਚ ਪਰਮਾਤਮਾ ਦਾ ਨਾਮ ਟਿਕਾ ਕੇ ਰੱਖੇ) ਉਸ ਨਾਮ ਦੀ ਰਾਹੀਂ ਸਾਧ ਸੰਗਤਿ ਸਰੋਵਰ ਵਿਚ ਇਸ਼ਨਾਨ ਕਰੇ, (ਮਨ ਵਿਚ ਟਿਕੇ ਹੋਏ ਪ੍ਰਭੂ-ਠਾਕੁਰ ਨੂੰ) ਸਰਧਾ ਦੇ ਪੱਤਰਾਂ ਨਾਲ ਪ੍ਰਸੰਨ ਕਰੇ।
31305	728	ਪੂਜਾ ਪ੍ਰਾਣ ਸੇਵਕੁ ਜੇ ਸੇਵੇ ਇਨ੍ਹ ਬਿਧਿ ਸਾਹਿਬੁ ਰਵਤੁ ਰਹੈ॥੩॥	ਬਿਧਿ,ਪੂਜਾ:ਪੋਲੇ ਬੋਲੋ	Poojaa Praan Saevak Jae Saevae Einh Bidhh Saahib Ravath Rehai ||3||	That humble servant who dedicates and offers his life, and who serves in this way, remains absorbed in his Lord and Master. ||3||	ਜੇ ਜੀਵ ਸੇਵਕ ਬਣ ਕੇ ਆਪਾ-ਭਾਵ ਛੱਡ ਕੇ (ਅੰਦਰ-ਵੱਸਦੇ ਠਾਕੁਰ-ਪ੍ਰਭੂ ਦੀ) ਸੇਵਾ (ਸਿਮਰਨ) ਕਰੇ, ਤਾਂ ਇਹਨਾਂ ਤਰੀਕਿਆਂ ਨਾਲ ਉਹ ਜੀਵ ਮਾਲਕ-ਪ੍ਰਭੂ ਨੂੰ ਸਦਾ ਮਿਲਿਆ ਰਹਿੰਦਾ ਹੈ ॥੩॥
31306	728	ਕਹਦੇ ਕਹਹਿ ਕਹੇ ਕਹਿ ਜਾਵਹਿ ਤੁਮ ਸਰਿ ਅਵਰੁ ਨ ਕੋਈ॥		Kehadhae Kehehi Kehae Kehi Jaavehi Thum Sar Avar N Koee ||	The speakers speak and speak and speak, and then they depart. There is no other to compare to You.	(ਸਿਮਰਨ ਤੋਂ ਬਿਨਾ ਪ੍ਰਭੂ ਨੂੰ ਪ੍ਰਸੰਨ ਕਰਨ ਦੇ ਹੋਰ ਹੋਰ ਉੱਦਮ) ਦੱਸਣ ਵਾਲੇ ਬੰਦੇ ਜੋ ਜੋ ਭੀ ਹੋਰ ਹੋਰ ਉੱਦਮ ਦੱਸਦੇ ਹਨ, ਉਹ ਦੱਸ ਦੱਸ ਕੇ ਆਪਣਾ ਜੀਵਨ-ਸਮਾ ਵਿਅਰਥ ਗਵਾ ਜਾਂਦੇ ਹਨ (ਕਿਉਂਕਿ) ਹੇ ਪ੍ਰਭੂ! ਤੇਰੇ ਸਿਮਰਨ ਵਰਗਾ ਹੋਰ ਕੋਈ ਉੱਦਮ ਨਹੀਂ ਹੈ।

31307	728	ਭਗਤਿ ਹੀਣੁ ਨਾਨਕੁ ਜਨੁ ਜੰਪੈ ਹਉ ਸਾਲਾਹੀ ਸਚਾ ਸੋਈ॥੪॥੧॥		Bhagath Heen Naanak Jan Janpai Ho Saalaahee Sachaa Soee ||4||1||	Servant Nanak, lacking devotion, humbly prays: may I sing the Praises of the True Lord. ||4||1||	(ਭਾਵੇਂ) ਨਾਨਕ (ਤੇਰਾ) ਦਾਸ ਭਗਤੀ ਤੋਂ ਸੱਖਣਾ (ਹੀ ਹੈ ਫਿਰ ਭੀ ਇਹ ਇਹੀ) ਬੇਨਤੀ ਕਰਦਾ ਹੈ ਕਿ ਮੈਂ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਸਦਾ ਸਿਫ਼ਤਿ-ਸਾਲਾਹ ਕਰਦਾ ਰਹਾਂ ॥੪॥੧॥
31308	728	ਸੂਹੀ ਮਹਲਾ ੧ ਘਰੁ ੨		Soohee Mehalaa 1 Ghar 2	Soohee, First Mehl, Second House:	ਰਾਗ ਸੂਹੀ, ਘਰ ੨ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
31309	728	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31310	728	ਅੰਤਰਿ ਵਸੈ ਨ ਬਾਹਰਿ ਜਾਇ॥		Anthar Vasai N Baahar Jaae ||	Deep within the self, the Lord abides; do not go outside looking for Him.	(ਸੇਵਕ ਉਹ ਹੈ ਜਿਸ ਦਾ ਮਨ) ਦੁਨੀਆ ਦੇ ਰਸਾਂ ਪਦਾਰਥਾਂ ਵਲ ਨਹੀਂ ਦੌੜਦਾ, ਤੇ ਆਪਣੇ ਅੰਤਰ ਆਤਮੇ ਹੀ (ਪ੍ਰਭੂ-ਚਰਨਾਂ ਵਿਚ) ਟਿਕਿਆ ਰਹਿੰਦਾ ਹੈ;
31311	728	ਅੰਮ੍ਰਿਤੁ ਛੋਡਿ ਕਾਹੇ ਬਿਖੁ ਖਾਇ॥੧॥		Anmrith Shhodd Kaahae Bikh Khaae ||1||	You have renounced the Ambrosial Nectar - why are you eating poison? ||1||	ਪਰਮਾਤਮਾ ਦਾ ਨਾਮ-ਅੰਮ੍ਰਿਤ ਛੱਡ ਕੇ ਉਹ ਵਿਸ਼ਿਆਂ ਦਾ ਜ਼ਹਿਰ ਨਹੀਂ ਖਾਂਦਾ ॥੧॥
31312	728	ਐਸਾ ਗਿਆਨੁ ਜਪਹੁ ਮਨ ਮੇਰੇ॥		Aisaa Giaan Japahu Man Maerae ||	Meditate on such spiritual wisdom, O my mind,	ਹੇ ਮਨ! ਪਰਮਾਤਮਾ ਨਾਲ ਅਜੇਹੀ ਡੂੰਘੀ ਸਾਂਝ ਪੱਕੀ ਕਰ,

31313	728	ਹੋਵਹੁ ਚਾਕਰ ਸਾਚੇ ਕੇਰੇ॥੧॥ਰਹਾਉ॥		Hovahu Chaakar Saachae Kaerae ||1|| Rehaao ||	And become the slave of the True Lord. ||1||Pause||	(ਜਿਸ ਦੀ ਬਰਕਤਿ ਨਾਲ) ਤੂੰ ਉਸ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦਾ (ਸੱਚਾ) ਸੇਵਕ ਬਣ ਸਕੇਂ ॥੧॥ ਰਹਾਉ ॥
31314	728	ਗਿਆਨੁ ਧਿਆਨੁ ਸਭੁ ਕੋਈ ਰਵੈ॥		Giaan Dhhiaan Sabh Koee Ravai ||	Everyone speaks of wisdom and meditation;	ਜ਼ਬਾਨੀ ਜ਼ਬਾਨੀ ਤਾਂ ਹਰ ਕੋਈ ਆਖਦਾ ਹੈ ਕਿ ਮੈਨੂੰ ਗਿਆਨ ਪ੍ਰਾਪਤ ਹੋ ਗਿਆ ਹੈ, ਮੇਰੀ ਸੁਰਤ ਜੁੜੀ ਹੋਈ ਹੈ,
31315	728	ਬਾਂਧਨਿ ਬਾਂਧਿਆ ਸਭੁ ਜਗੁ ਭਵੈ॥੨॥		Baandhhan Baandhhiaa Sabh Jag Bhavai ||2||	But bound in bondage, the whole world is wandering around in confusion. ||2||	ਪਰ (ਵੇਖਣ ਵਿਚ ਇਹ ਆਉਂਦਾ ਹੈ ਕਿ) ਸਾਰਾ ਜਗਤ ਮਾਇਆ ਦੇ ਮੋਹ ਦੀ ਫਾਹੀ ਵਿਚ ਬੱਝਾ ਹੋਇਆ ਭਟਕ ਰਿਹਾ ਹੈ (ਜ਼ਬਾਨੀ ਆਖਿਆਂ ਪ੍ਰਭੂ ਦਾ ਸੇਵਕ ਬਣ ਨਹੀਂ ਸਕੀਦਾ) ॥੨॥
31316	728	ਸੇਵਾ ਕਰੇ ਸੁ ਚਾਕਰੁ ਹੋਇ॥		Saevaa Karae S Chaakar Hoe ||	One who serves the Lord is His servant.	ਜੋ ਮਨੁੱਖ (ਮਨ ਨੂੰ ਬਾਹਰ ਭਟਕਣੋਂ ਹਟਾ ਕੇ ਪ੍ਰਭੂ ਦਾ) ਸਿਮਰਨ ਕਰਦਾ ਹੈ ਉਹੀ (ਪ੍ਰਭੂ ਦਾ) ਸੇਵਕ ਬਣਦਾ ਹੈ,
31317	728	ਜਲਿ ਥਲਿ ਮਹੀਅਲਿ ਰਵਿ ਰਹਿਆ ਸੋਇ॥੩॥		Jal Thhal Meheeal Rav Rehiaa Soe ||3||	The Lord is pervading and permeating the water, the land, and the sky. ||3||	ਉਸ ਸੇਵਕ ਨੂੰ ਪ੍ਰਭੂ ਜਲ ਵਿਚ ਧਰਤੀ ਦੇ ਅੰਦਰ ਆਕਾਸ਼ ਵਿਚ ਹਰ ਥਾਂ ਵਿਆਪਕ ਦਿੱਸਦਾ ਹੈ ॥੩॥
31318	728	ਹਮ ਨਹੀ ਚੰਗੇ ਬੁਰਾ ਨਹੀ ਕੋਇ॥		Ham Nehee Changae Buraa Nehee Koe ||	I am not good; no one is bad.	ਜੋ ਮਨੁੱਖ (ਹਉਮੈ ਦਾ ਤਿਆਗ ਕਰਦਾ ਹੈ ਤੇ) ਸਮਝਦਾ ਹੈ ਕਿ ਮੈਂ ਹੋਰਨਾਂ ਨਾਲੋਂ ਚੰਗਾ ਨਹੀਂ ਤੇ ਕੋਈ ਮੈਥੋਂ ਮਾੜਾ ਨਹੀਂ,

31319	728	ਪ੍ਰਣਵਤਿ ਨਾਨਕੁ ਤਾਰੇ ਸੋਇ॥੪॥੧॥੨॥		Pranavath Naanak Thaarae Soe ||4||1||2||	Prays Nanak, He alone saves us! ||4||1||2||	ਨਾਨਕ ਬੇਨਤੀ ਕਰਦਾ ਹੈ- ਅਜੇਹੇ ਸੇਵਕ ਨੂੰ ਪਰਮਾਤਮਾ (ਸੰਸਾਰ-ਸਮੁੰਦਰ ਦੀਆਂ ਵਿਕਾਰ-ਲਹਿਰਾਂ ਤੋਂ) ਪਾਰ ਲੰਘਾ ਲੈਂਦਾ ਹੈ ॥੪॥੧॥੨॥
31320	729	ਸੂਹੀ ਮਹਲਾ ੧ ਘਰੁ ੬		Soohee Mehalaa 1 Ghar 6	Soohee, First Mehl, Sixth House:	ਰਾਗ ਸੂਹੀ, ਘਰ ੬ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
31321	729	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31322	729	ਉਜਲੁ ਕੈਹਾ ਚਿਲਕਣਾ ਘੋਟਿਮ ਕਾਲੜੀ ਮਸੁ॥	(ਕੈਹਾ)ਕਾਂਸੀ। (ਘੋਟਿਮ)ਘਸੌ ਣੇ ਭਾਵ ਵੀਚਾਰਨੇ ਕਰਕੇ। ਪਾਪਾਂ ਦੀ ਕਾਲੀ(ਮੱਸੁ)ਸਿਆਹੀ। ਉੱਜਲੁ ,ਕੈਹਾਂ,ਚਿਲਕਣਾ:ਪੋਲਾ ਬੋਲੋ। ਮੱਸੁ	Oujal Kaihaa Chilakanaa Ghottim Kaalarree Mas ||	Bronze is bright and shiny, but when it is rubbed, its blackness appears.	ਮੈਂ ਕੈਂਹ (ਦਾ) ਸਾਫ਼ ਤੇ ਲਿਸ਼ਕਵਾਂ (ਭਾਂਡਾ) ਘਸਾਇਆ (ਤਾਂ ਉਸ ਵਿਚੋਂ) ਮਾੜੀ ਮਾੜੀ ਕਾਲੀ ਸਿਆਹੀ (ਲੱਗ ਗਈ)।
31323	729	ਧੋਤਿਆ ਜੂਠਿ ਨ ਉਤਰੈ ਜੇ ਸਉ ਧੋਵਾ ਤਿਸੁ॥੧॥		Dhhothiaa Jooth N Outharai Jae So Dhhovaa This ||1||	Washing it, its impurity is not removed, even if it is washed a hundred times. ||1||	ਜੇ ਮੈਂ ਸੌ ਵਾਰੀ ਭੀ ਉਸ ਕੈਂਹ ਦੇ ਭਾਂਡੇ ਨੂੰ ਧੋਵਾਂ (ਸਾਫ਼ ਕਰਾਂ) ਤਾਂ ਭੀ (ਬਾਹਰੋਂ) ਧੋਣ ਨਾਲ ਉਸ ਦੀ (ਅੰਦਰਲੀ) ਜੂਠ (ਕਾਲਖ) ਦੂਰ ਨਹੀਂ ਹੁੰਦੀ ॥੧॥

31324	729	ਸਜਣ ਸੇਈ ਨਾਲਿ ਮੈ ਚਲਦਿਆ ਨਾਲਿ ਚਲੰਨਿ॥	ਚੱਲਦਿਆਂ	Sajan Saeee Naal Mai Chaladhiaa Naal Chalannih ||	They alone are my friends, who travel along with me;	ਮੇਰੇ ਅਸਲ ਮਿੱਤ੍ਰ ਉਹੀ ਹਨ ਜੋ (ਸਦਾ) ਮੇਰੇ ਨਾਲ ਰਹਿਣ, ਤੇ (ਇਥੋਂ) ਤੁਰਨ ਵੇਲੇ ਭੀ ਮੇਰੇ ਨਾਲ ਹੀ ਚੱਲਣ,
31325	729	ਜਿਥੈ ਲੇਖਾ ਮੰਗੀਐ ਤਿਥੈ ਖੜੇ ਦਿਸੰਨਿ॥੧॥ਰਹਾਉ॥	ਖੜ੍ਹੇ	Jithhai Laekhaa Mangeeai Thithhai Kharrae Dhisann ||1|| Rehaao ||	And in that place, where the accounts are called for, they appear standing with me. ||1||Pause||	(ਅਗਾਂਹ) ਜਿਥੇ (ਕੀਤੇ ਕਰਮਾਂ ਦਾ) ਹਿਸਾਬ ਮੰਗਿਆ ਜਾਂਦਾ ਹੈ ਉਥੇ ਅਝੱਕ ਹੋ ਕੇ ਹਿਸਾਬ ਦੇ ਸਕਣ (ਭਾਵ, ਹਿਸਾਬ ਦੇਣ ਵਿਚ ਕਾਮਯਾਬ ਹੋ ਸਕਣ) ॥੧॥ ਰਹਾਉ ॥
31326	729	ਕੋਠੇ ਮੰਡਪ ਮਾੜੀਆ ਪਾਸਹੁ ਚਿਤਵੀਆਹਾ॥		Kothae Manddap Maarreeaa Paasahu Chithaveeaahaa ||	There are houses, mansions and tall buildings, painted on all sides;	ਜੇਹੜੇ ਘਰ ਮੰਦਰ ਮਹਲ ਚੌਹਾਂ ਪਾਸਿਆਂ ਤੋਂ ਤਾਂ ਚਿੱਤਰੇ ਹੋਏ ਹੋਣ,
31327	729	ਢਠੀਆ ਕੰਮਿ ਨ ਆਵਨ੍ਹੀ ਵਿਚਹੁ ਸਖਣੀਆਹਾ॥੨॥		Dtatheeaa Kanm N Aavanhee Vichahu Sakhaneeaahaa ||2||	But they are empty within, and they crumble like useless ruins. ||2||	ਪਰ ਅੰਦਰੋਂ ਖ਼ਾਲੀ ਹੋਣ, (ਉਹ ਢਹਿ ਜਾਂਦੇ ਹਨ ਤੇ) ਢੱਠੇ ਹੋਏ ਕਿਸੇ ਕੰਮ ਨਹੀਂ ਆਉਂਦੇ ॥੨॥
31328	729	ਬਗਾ ਬਗੇ ਕਪੜੇ ਤੀਰਥ ਮੰਝਿ ਵਸੰਨ੍ਹਿ॥	ਬੱਗਾ ਬੱਗੇ	Bagaa Bagae Kaparrae Theerathh Manjh Vasannih ||	The herons in their white feathers dwell in the sacred shrines of pilgrimage.	ਬਗਲਿਆਂ ਦੇ ਚਿੱਟੇ ਖੰਭ ਹੁੰਦੇ ਹਨ, ਵੱਸਦੇ ਭੀ ਉਹ ਤੀਰਥਾਂ ਉਤੇ ਹੀ ਹਨ।

31329	729	ਘੁਟਿ ਘੁਟਿ ਜੀਆ ਖਾਵਣੇ ਬਗੇ ਨਾ ਕਹੀਅਨ੍ਹਿ॥੩॥		Ghutt Ghutt Jeeaa Khaavanae Bagae Naa Keheeanih ||3||	They tear apart and eat the living beings, and so they are not called white. ||3||	ਪਰ ਜੀਆਂ ਨੂੰ (ਗਲੋਂ) ਘੁੱਟ ਘੁੱਟ ਕੇ ਖਾ ਜਾਣ ਵਾਲੇ (ਅੰਦਰੋਂ) ਸਾਫ਼ ਸੁਥਰੇ ਨਹੀਂ ਆਖੇ ਜਾਂਦੇ ॥੩॥
31330	729	ਸਿੰਮਲ ਰੁਖੁ ਸਰੀਰੁ ਮੈ ਮੈਜਨ ਦੇਖਿ ਭੁਲੰਨ੍ਹਿ॥	(ਮੈਂਜਨ)ਤੋਤੇ (੨. ਮੈ ਜਨ)	Sinmal Rukh Sareer Mai Maijan Dhaekh Bhulannih ||	My body is like the simmal tree; seeing me, other people are fooled.	(ਜਿਵੇਂ) ਸਿੰਬਲ ਦਾ ਰੁੱਖ (ਹੈ ਤਿਵੇਂ) ਮੇਰਾ ਸਰੀਰ ਹੈ, (ਸਿੰਬਲ ਦੇ ਫਲਾਂ ਨੂੰ) ਵੇਖ ਕੇ ਤੋਤੇ ਭੁਲੇਖਾ ਖਾ ਜਾਂਦੇ ਹਨ,
31331	729	ਸੇ ਫਲ ਕੰਮਿ ਨ ਆਵਨ੍ਹੀ ਤੇ ਗੁਣ ਮੈ ਤਨਿ ਹੰਨ੍ਹਿ॥੪॥		Sae Fal Kanm N Aavanhee Thae Gun Mai Than Hannih ||4||	Its fruits are useless - just like the qualities of my body. ||4||	(ਸਿੰਬਲ ਦੇ) ਉਹ ਫਲ (ਤੋਤਿਆਂ ਦੇ) ਕੰਮ ਨਹੀਂ ਆਉਂਦੇ, ਉਹੋ ਜੇਹੇ ਹੀ ਗੁਣ ਮੇਰੇ ਸਰੀਰ ਵਿਚ ਹਨ ॥੪॥
31332	729	ਅੰਧੁਲੈ ਭਾਰੁ ਉਠਾਇਆ ਡੂਗਰ ਵਾਟ ਬਹੁਤੁ॥		Andhhulai Bhaar Outhaaeiaa Ddoogar Vaatt Bahuth ||	The blind man is carrying such a heavy load, and his journey through the mountains is so long.	ਮੈਂ ਅੰਨ੍ਹੇ ਨੇ (ਸਿਰ ਉਤੇ ਵਿਕਾਰਾਂ ਦਾ) ਭਾਰ ਚੁੱਕਿਆ ਹੋਇਆ ਹੈ, (ਅਗਾਂਹ ਮੇਰਾ ਜੀਵਨ-ਪੰਧ) ਬੜਾ ਪਹਾੜੀ ਰਸਤਾ ਹੈ।
31333	729	ਅਖੀ ਲੋੜੀ ਨਾ ਲਹਾ ਹਉ ਚੜਿ ਲੰਘਾ ਕਿਤੁ॥੫॥	ਅੱਖੀਂ, ਚੜ੍ਹਿ	Akhee Lorree Naa Lehaa Ho Charr Langhaa Kith ||5||	My eyes can see, but I cannot find the Way. How can I climb up and cross over the mountain? ||5||	ਅੱਖਾਂ ਨਾਲ ਭਾਲਿਆਂ ਭੀ ਮੈਂ ਰਾਹ-ਖਹਿੜਾ ਲੱਭ ਨਹੀਂ ਸਕਦਾ (ਕਿਉਂਕਿ ਅੱਖਾਂ ਹੀ ਨਹੀਂ ਹਨ। ਇਸ ਹਾਲਤ ਵਿਚ) ਕਿਸ ਤਰੀਕੇ ਨਾਲ (ਪਹਾੜੀ ਤੇ) ਚੜ੍ਹ ਕੇ ਮੈਂ ਪਾਰ ਲੰਘਾਂ? ॥੫॥

31334	729	ਚਾਕਰੀਆ ਚੰਗਿਆਈਆ ਅਵਰ ਸਿਆਣਪ ਕਿਤੁ॥		Chaakareeaa Changiaaeeaa Avar Siaanap Kith ||	What good does it do to serve, and be good, and be clever?	ਹੇ ਨਾਨਕ! (ਪਹਾੜੀ ਰਸਤੇ ਵਰਗੇ ਬਿਖੜੇ ਜੀਵਨ-ਪੰਧ ਵਿਚੋਂ ਪਾਰ ਲੰਘਣ ਲਈ) ਦੁਨੀਆ ਦੇ ਲੋਕਾਂ ਦੀਆਂ ਖ਼ੁਸ਼ਾਮਦਾਂ, ਲੋਕ-ਵਿਖਾਵੇ ਤੇ ਚਲਾਕੀਆਂ ਕਿਸੇ ਕੰਮ ਨਹੀਂ ਆ ਸਕਦੀਆਂ।
31335	729	ਨਾਨਕ ਨਾਮੁ ਸਮਾਲਿ ਤੂੰ ਬਧਾ ਛੁਟਹਿ ਜਿਤੁ॥੬॥੧॥੩॥	ਬੱਧਾ	Naanak Naam Samaal Thoon Badhhaa Shhuttehi Jith ||6||1||3||	O Nanak, contemplate the Naam, the Name of the Lord, and you shall be released from bondage. ||6||1||3||	ਪਰਮਾਤਮਾ ਦਾ ਨਾਮ (ਆਪਣੇ ਹਿਰਦੇ ਵਿਚ) ਸਾਂਭ ਕੇ ਰੱਖ। (ਮਾਇਆ ਦੇ ਮੋਹ ਵਿਚ) ਬੱਝਾ ਹੋਇਆ ਤੂੰ ਇਸ ਨਾਮ (-ਸਿਮਰਨ) ਦੀ ਰਾਹੀਂ ਹੀ (ਮੋਹ ਦੇ ਬੰਧਨਾਂ ਤੋਂ) ਖ਼ਲਾਸੀ ਪਾ ਸਕੇਂਗਾ ॥੬॥੧॥੩॥
31336	729	ਸੂਹੀ ਮਹਲਾ ੧॥		Soohee Mehalaa 1 ||	Soohee, First Mehl:	
31337	729	ਜਪ ਤਪ ਕਾ ਬੰਧੁ ਬੇੜੁਲਾ ਜਿਤੁ ਲੰਘਹਿ ਵਹੇਲਾ॥	ਵਹੇਲਾ ਸੌਖਾ	Jap Thap Kaa Bandhh Baerrulaa Jith Langhehi Vehaelaa ||	Build the raft of meditation and self-discipline, to carry you across the river.	(ਹੇ ਜੀਵਨ-ਸਫ਼ਰ ਦੇ ਰਾਹੀ!) ਪ੍ਰਭੂ-ਸਿਮਰਨ ਦਾ ਸੋਹਣਾ ਜੇਹਾ ਬੇੜਾ ਤਿਆਰ ਕਰ, ਜਿਸ (ਬੇੜੇ) ਵਿਚ ਤੂੰ (ਇਸ ਸੰਸਾਰ-ਸਮੁੰਦਰ ਵਿਚੋਂ) ਛੇਤੀ ਪਾਰ ਲੰਘ ਜਾਵੇਂਗਾ।
31338	729	ਨਾ ਸਰਵਰੁ ਨਾ ਊਛਲੈ ਐਸਾ ਪੰਥੁ ਸੁਹੇਲਾ॥੧॥		Naa Saravar Naa Ooshhalai Aisaa Panthh Suhaelaa ||1||	There will be no ocean, and no rising tides to stop you; this is how comfortable your path shall be. ||1||	(ਸਿਮਰਨ ਦੀ ਬਰਕਤਿ ਨਾਲ) ਤੇਰਾ ਜੀਵਨ-ਰਸਤਾ ਐਸਾ ਸੌਖਾ ਹੋ ਜਾਇਗਾ ਕਿ (ਤੇਰੇ ਰਸਤੇ ਵਿਚ) ਨਾਹ ਇਹ (ਸੰਸਾਰ-) ਸਰੋਵਰ ਆਵੇਗਾ ਅਤੇ ਨਾਹ ਹੀ (ਇਸ ਦਾ ਮੋਹ) ਉਛਾਲੇ ਮਾਰੇਗਾ ॥੧॥

31339	729	ਤੇਰਾ ਏਕੋ ਨਾਮੁ ਮੰਜੀਠੜਾ ਰਤਾ ਮੇਰਾ ਚੋਲਾ ਸਦ ਰੰਗ ਢੋਲਾ॥੧॥ਰਹਾਉ॥	ਮਨ ਰੂਪੀ (ਚੋਲਾ)। (ਢੋਲਾ)ਪਿਆਰੇ। ਰੱਤਾ, ਚੋਲ਼ਾ:ਪੋਲਾ ਬੋਲੋ। ਢੋੱਲਾ	Thaeraa Eaeko Naam Manjeetharraa Rathaa Maeraa Cholaa Sadh Rang Dtolaa ||1|| Rehaao ||	Your Name alone is the color, in which the robe of my body is dyed. This color is permanent, O my Beloved. ||1||Pause||	ਹੇ ਮਿੱਤਰ (-ਪ੍ਰਭੂ!) ਤੇਰਾ ਨਾਮ ਹੀ ਸੋਹਣੀ ਮਜੀਠ ਹੈ ਜਿਸ ਦੇ ਪੱਕੇ ਰੰਗ ਨਾਲ ਮੇਰਾ (ਆਤਮਕ ਜੀਵਨ ਦਾ) ਚੋਲਾ ਰੰਗਿਆ ਗਿਆ ਹੈ ॥੧॥ ਰਹਾਉ ॥
31340	729	ਸਾਜਨ ਚਲੇ ਪਿਆਰਿਆ ਕਿਉ ਮੇਲਾ ਹੋਈ॥		Saajan Chalae Piaariaa Kio Maelaa Hoee ||	My beloved friends have departed; how will they meet the Lord?	ਹੇ ਸੱਜਣ! ਜੀਵਨ-ਸਫ਼ਰ ਦੇ ਹੇ ਪਿਆਰੇ ਪਾਂਧੀ! (ਕੀ ਤੈਨੂੰ ਪਤਾ ਹੈ ਕਿ) ਪ੍ਰਭੂ ਨਾਲ ਮਿਲਾਪ ਕਿਵੇਂ ਹੁੰਦਾ ਹੈ?
31341	729	ਜੇ ਗੁਣ ਹੋਵਹਿ ਗੰਠੜੀਐ ਮੇਲੇਗਾ ਸੋਈ॥੨॥		Jae Gun Hovehi Gantharreeai Maelaegaa Soee ||2||	If they have virtue in their pack, the Lord will unite them with Himself. ||2||	(ਵੇਖ!) ਜੇ ਪੱਲੇ ਗੁਣ ਹੋਣ ਤਾਂ ਉਹ ਆਪ ਹੀ (ਆਪਣੇ ਨਾਲ) ਮਿਲਾ ਲੈਂਦਾ ਹੈ ॥੨॥
31342	729	ਮਿਲਿਆ ਹੋਇ ਨ ਵੀਛੁੜੈ ਜੇ ਮਿਲਿਆ ਹੋਈ॥		Miliaa Hoe N Veeshhurrai Jae Miliaa Hoee ||	Once united with Him, they will not be separated again, if they are truly united.	ਜੇਹੜਾ ਜੀਵ ਪ੍ਰਭੂ-ਚਰਨਾਂ ਵਿਚ ਜੁੜ ਜਾਏ ਜੇ ਉਹ ਸਚ-ਮੁਚ ਦਿਲੋਂ ਮਿਲਿਆ ਹੋਇਆ ਹੈ ਤਾਂ ਫਿਰ ਕਦੇ ਉਹ ਉਸ ਮਿਲਾਪ ਵਿਚੋਂ ਵਿਛੁੜਦਾ ਨਹੀਂ।
31343	729	ਆਵਾ ਗਉਣੁ ਨਿਵਾਰਿਆ ਹੈ ਸਾਚਾ ਸੋਈ॥੩॥		Aavaa Goun Nivaariaa Hai Saachaa Soee ||3||	The True Lord brings their comings and goings to an end. ||3||	ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ, ਉਸ ਨੂੰ ਹਰ ਥਾਂ ਉਹ ਸਦਾ-ਥਿਰ ਪ੍ਰਭੂ ਹੀ ਦਿੱਸਦਾ ਹੈ ॥੩॥

31344	729	ਹਉਮੈ ਮਾਰਿ ਨਿਵਾਰਿਆ ਸੀਤਾ ਹੈ ਚੋਲਾ॥		Houmai Maar Nivaariaa Seethaa Hai Cholaa ||	One who subdues and eradicates egotism, sews the robe of devotion.	ਜਿਸ ਜੀਵ ਨੇ ਹਉਮੈ ਮਾਰ ਕੇ ਆਪਾ-ਭਾਵ ਦੂਰ ਕੀਤਾ ਹੈ ਤੇ (ਇਸ ਤਰ੍ਹਾਂ) ਆਪਣਾ ਆਪਾ ਸੰਵਾਰ ਲਿਆ ਹੈ,
31345	729	ਗੁਰ ਬਚਨੀ ਫਲੁ ਪਾਇਆ ਸਹ ਕੇ ਅੰਮ੍ਰਿਤ ਬੋਲਾ॥੪॥		Gur Bachanee Fal Paaeiaa Seh Kae Anmrith Bolaa ||4||	Following the Word of the Guru's Teachings, she receives the fruits of her reward, the Ambrosial Words of the Lord. ||4||	ਸਤਿਗੁਰੂ ਦੇ ਬਚਨਾਂ ਤੇ ਤੁਰ ਕੇ ਫਲ ਵਜੋਂ ਉਸ ਨੂੰ ਖਸਮ-ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਬੋਲ ਪ੍ਰਾਪਤ ਹੁੰਦੇ ਹਨ ਜੋ ਆਤਮਕ ਜੀਵਨ ਦੇਣ ਦੇ ਸਮਰੱਥ ਹਨ ॥੪॥
31346	729	ਨਾਨਕੁ ਕਹੈ ਸਹੇਲੀਹੋ ਸਹੁ ਖਰਾ ਪਿਆਰਾ॥		Naanak Kehai Sehaeleeho Sahu Kharaa Piaaraa ||	Says Nanak, O soul-brides, our Husband Lord is so dear!	ਨਾਨਕ ਆਖਦਾ ਹੈ-ਹੇ ਸਤਸੰਗੀ ਸਹੇਲੀਹੋ! (ਸਿਮਰਨ ਦੀ ਬਰਕਤਿ ਨਾਲ) ਖਸਮ-ਪ੍ਰਭੂ ਬਹੁਤ ਪਿਆਰਾ ਲੱਗਣ ਲੱਗ ਪੈਂਦਾ ਹੈ,
31347	729	ਹਮ ਸਹ ਕੇਰੀਆ ਦਾਸੀਆ ਸਾਚਾ ਖਸਮੁ ਹਮਾਰਾ॥੫॥੨॥੪॥		Ham Seh Kaereeaa Dhaaseeaa Saachaa Khasam Hamaaraa ||5||2||4||	We are the servants, the hand-maidens of the Lord; He is our True Lord and Master. ||5||2||4||	(ਫਿਰ ਇਉਂ ਯਕੀਨ ਬਣਿਆ ਰਹਿੰਦਾ ਹੈ ਕਿ) ਅਸੀਂ ਖਸਮ ਦੀਆਂ ਗੋਲੀਆਂ ਹਾਂ, ਤੇ ਉਹ ਖਸਮ-ਪ੍ਰਭੂ ਸਦਾ ਸਾਡੇ (ਸਿਰ ਉਤੇ) ਕਾਇਮ ਹੈ ॥੫॥੨॥੪॥
31348	729	ਸੂਹੀ ਮਹਲਾ ੧॥		Soohee Mehalaa 1 ||	Soohee, First Mehl:	

31349	729	ਜਿਨ ਕਉ ਭਾਂਡੈ ਭਾਉ ਤਿਨਾ ਸਵਾਰਸੀ॥		Jin Ko Bhaanddai Bhaao Thinaa Savaarasee ||	Those whose minds are filled with love of the Lord, are blessed and exalted.	(ਪ੍ਰਭੂ) ਜਿਨ੍ਹਾਂ (ਜੀਵਾਂ) ਨੂੰ (ਹਿਰਦੇ-ਰੂਪ) ਭਾਂਡੇ ਵਿਚ ਪ੍ਰੇਮ (ਦੀ ਭਿੱਛਿਆ ਦੇਂਦਾ ਹੈ), (ਉਸ ਪ੍ਰੇਮ ਦੀ ਬਰਕਤਿ ਨਾਲ ਪ੍ਰਭੂ) ਉਹਨਾਂ ਦਾ ਜੀਵਨ ਸੋਹਣਾ ਬਣਾ ਦੇਂਦਾ ਹੈ।
31350	729	ਸੂਖੀ ਕਰੈ ਪਸਾਉ ਦੂਖ ਵਿਸਾਰਸੀ॥	ਸੂਖੀ:ਪੋਲਾ ਬੋਲੋ	Sookhee Karai Pasaao Dhookh Visaarasee ||	They are blessed with peace, and their pains are forgotten.	ਉਹਨਾਂ ਉਤੇ ਸੁਖਾਂ ਦੀ ਬਖ਼ਸ਼ਸ਼ ਕਰਦਾ ਹੈ, ਉਹਨਾਂ ਦੇ ਦੁੱਖ ਭੁਲਾ ਦੇਂਦਾ ਹੈ।
31351	729	ਸਹਸਾ ਮੂਲੇ ਨਾਹਿ ਸਰਪਰ ਤਾਰਸੀ॥੧॥		Sehasaa Moolae Naahi Sarapar Thaarasee ||1||	He will undoubtedly, certainly save them. ||1||	ਇਸ ਗੱਲ ਵਿਚ ਰਤਾ ਭੀ ਸ਼ੱਕ ਨਹੀਂ ਕਿ ਅਜੇਹੇ ਜੀਵਾਂ ਨੂੰ ਪ੍ਰਭੂ ਜ਼ਰੂਰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੧॥
31352	729	ਤਿਨ੍ਹਾ ਮਿਲਿਆ ਗੁਰੁ ਆਇ ਜਿਨ ਕਉ ਲੀਖਿਆ॥		Thinhaa Miliaa Gur Aae Jin Ko Leekhiaa ||	The Guru comes to meet those whose destiny is so pre-ordained.	ਜਿਨ੍ਹਾਂ ਬੰਦਿਆਂ ਨੂੰ (ਧੁਰੋਂ ਲਿਖਿਆ ਬਖ਼ਸ਼ਸ਼ ਦਾ) ਲੇਖ ਮਿਲ ਜਾਂਦਾ ਹੈ, ਉਹਨਾਂ ਨੂੰ ਗੁਰੂ ਆ ਕੇ ਮਿਲ ਪੈਂਦਾ ਹੈ।
31353	729	ਅੰਮ੍ਰਿਤੁ ਹਰਿ ਕਾ ਨਾਉ ਦੇਵੈ ਦੀਖਿਆ॥		Anmrith Har Kaa Naao Dhaevai Dheekhiaa ||	He blesses them with the Teachings of the Ambrosial Name of the Lord.	ਗੁਰੂ ਉਹਨਾਂ ਨੂੰ ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਸਿੱਖਿਆ ਵਜੋਂ ਦੇਂਦਾ ਹੈ।
31354	729	ਚਾਲਹਿ ਸਤਿਗੁਰ ਭਾਇ ਭਵਹਿ ਨ ਭੀਖਿਆ॥੨॥		Chaalehi Sathigur Bhaae Bhavehi N Bheekhiaa ||2||	Those who walk in the Will of the True Guru, never wander begging. ||2||	ਉਹ ਬੰਦੇ (ਜੀਵਨ-ਸਫ਼ਰ ਵਿਚ) ਗੁਰੂ ਦੇ ਦੱਸੇ ਅਨੁਸਾਰ ਤੁਰਦੇ ਹਨ, ਤੇ (ਹੋਰ ਹੋਰ ਪਾਸੇ) ਭਟਕਦੇ ਨਹੀਂ ਫਿਰਦੇ ॥੨॥

31355	729	ਜਾ ਕਉ ਮਹਲੁ ਹਜੂਰਿ ਦੂਜੇ ਨਿਵੈ ਕਿਸੁ॥		Jaa Ko Mehal Hajoor Dhoojae Nivai Kis ||	And one who lives in the Mansion of the Lord's Presence, why should he bow down to any other?	(ਗੁਰੂ ਦੇ ਦੱਸੇ ਰਾਹ ਤੇ ਤੁਰ ਕੇ) ਜਿਸ ਬੰਦੇ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਥਾਂ ਮਿਲ ਜਾਂਦਾ ਹੈ ਉਹ ਕਿਸੇ ਹੋਰ ਦੇ ਅੱਗੇ ਤਰਲੇ ਨਹੀਂ ਕਰਦਾ ਫਿਰਦਾ।
31356	729	ਦਰਿ ਦਰਵਾਣੀ ਨਾਹਿ ਮੂਲੇ ਪੁਛ ਤਿਸੁ॥	(ਦਰਵਾਣੀ)ਡਿਉਢੀਦਾਰ	Dhar Dharavaanee Naahi Moolae Pushh This ||	The gate-keeper at the Lord's Gate shall not stop him to ask any questions.	ਪਰਮਾਤਮਾ ਦੇ ਦਰਵਾਜ਼ੇ ਤੇ (ਪਹੁੰਚੇ ਹੋਏ ਨੂੰ ਜਮ ਆਦਿਕ) ਦਰਬਾਨਾਂ ਵਲੋਂ ਕੋਈ ਰਤਾ ਭਰ ਭੀ ਪੁੱਛ-ਗਿੱਛ ਨਹੀਂ ਹੁੰਦੀ,
31357	729	ਛੁਟੈ ਤਾ ਕੈ ਬੋਲਿ ਸਾਹਿਬ ਨਦਰਿ ਜਿਸੁ॥੩॥		Shhuttai Thaa Kai Bol Saahib Nadhar Jis ||3||	And one who is blessed with the Lord's Glance of Grace - by his words, others are emancipated as well. ||3||	ਕਿਉਂਕਿ ਜਿਸ ਗੁਰੂ ਉਤੇ ਮਾਲਕ-ਪ੍ਰਭੂ ਦੀ ਮੇਹਰ ਦੀ ਨਜ਼ਰ ਹੈ ਉਸ ਗੁਰੂ ਦੇ ਬਚਨ ਵਿਚ (ਚੱਲ ਕੇ) ਉਹ ਬੰਦਾ (ਵਿਕਾਰਾਂ ਤੋਂ) ਮੁਕਤ ਹੋ ਜਾਂਦਾ ਹੈ ॥੩॥
31358	729	ਘਲੇ ਆਣੇ ਆਪਿ ਜਿਸੁ ਨਾਹੀ ਦੂਜਾ ਮਤੈ ਕੋਇ॥	(ਮਤੈ)ਪੋਲਾ	Ghalae Aanae Aap Jis Naahee Dhoojaa Mathai Koe ||	The Lord Himself sends out, and recalls the mortal beings; no one else gives Him advice.	ਜਿਸ ਮਾਲਕ ਪ੍ਰਭੂ ਨੂੰ ਕੋਈ ਹੋਰ ਦੂਜਾ ਕੋਈ ਮੱਤਾਂ ਨਹੀਂ ਦੇ ਸਕਦਾ ਹੈ ਉਹ ਆਪ ਹੀ ਜੀਵਾਂ ਨੂੰ ਜਗਤ ਵਿਚ ਭੇਜਦਾ ਹੈ ਆਪ ਹੀ ਵਾਪਸ ਸੱਦ ਲੈਂਦਾ ਹੈ।
31359	729	ਢਾਹਿ ਉਸਾਰੇ ਸਾਜਿ ਜਾਣੈ ਸਭ ਸੋਇ॥		Dtaahi Ousaarae Saaj Jaanai Sabh Soe ||	He Himself demolishes, constructs and creates; He knows everything.	ਪ੍ਰਭੂ ਆਪ ਹੀ ਜਗਤ-ਰਚਨਾ ਢਾਹੁੰਦਾ ਹੈ ਤੇ ਉਸਾਰਦਾ ਹੈ, ਉਹ ਸਭ ਕੁਝ ਆਪ ਹੀ ਪੈਦਾ ਕਰਨੀ ਜਾਣਦਾ ਹੈ।

31360	729	ਨਾਉ ਨਾਨਕ ਬਖਸੀਸ ਨਦਰੀ ਕਰਮੁ ਹੋਇ॥੪॥੩॥੫॥		Naao Naanak Bakhasees Nadharee Karam Hoe ||4||3||5||	O Nanak, the Naam, the Name of the Lord is the blessing, given to those who receive His Mercy, and His Grace. ||4||3||5||	ਹੇ ਨਾਨਕ! ਜਿਸ ਮਨੁੱਖ ਉਤੇ ਮੇਹਰ ਦੀ ਨਜ਼ਰ ਕਰਨ ਵਾਲੇ ਪ੍ਰਭੂ ਦੀ ਨਿਗਾਹ ਹੋ ਜਾਂਦੀ ਹੈ ਉਸ ਨੂੰ ਬਖ਼ਸ਼ਸ਼ ਵਜੋਂ ਉਸ ਦਾ ਨਾਮ ਮਿਲਦਾ ਹੈ ॥੪॥੩॥੫॥
31361	730	ਸੂਹੀ ਮਹਲਾ ੧॥		Soohee Mehalaa 1 ||	Soohee, First Mehl:	
31362	730	ਭਾਂਡਾ ਹਛਾ ਸੋਇ ਜੋ ਤਿਸੁ ਭਾਵਸੀ॥		Bhaanddaa Hashhaa Soe Jo This Bhaavasee ||	That vessel alone is pure, which is pleasing to Him.	ਉਹੀ ਹਿਰਦਾ ਪਵਿੱਤ੍ਰ ਹੈ ਜੇਹੜਾ ਉਸ ਪਰਮਾਤਮਾ ਨੂੰ ਚੰਗਾ ਲੱਗ ਪੈਂਦਾ ਹੈ।
31363	730	ਭਾਂਡਾ ਅਤਿ ਮਲੀਣੁ ਧੋਤਾ ਹਛਾ ਨ ਹੋਇਸੀ॥		Bhaanddaa Ath Maleen Dhhothaa Hashhaa N Hoeisee ||	The filthiest vessel does not become pure, simply by being washed.	ਜੇ ਮਨੁੱਖ ਦਾ ਹਿਰਦਾ (ਅੰਦਰੋਂ ਵਿਕਾਰਾਂ ਨਾਲ) ਬਹੁਤ ਗੰਦਾ ਹੋਇਆ ਪਿਆ ਹੈ ਤਾਂ ਬਾਹਰੋਂ ਸਰੀਰ ਨੂੰ ਤੀਰਥ ਆਦਿਕ ਤੇ ਇਸ਼ਨਾਨ ਕਰਾਇਆਂ ਹਿਰਦਾ ਅੰਦਰੋਂ ਸੁੱਧ ਨਹੀਂ ਹੋ ਸਕਦਾ।
31364	730	ਗੁਰੂ ਦੁਆਰੈ ਹੋਇ ਸੋਝੀ ਪਾਇਸੀ॥		Guroo Dhuaarai Hoe Sojhee Paaeisee ||	Through the Gurdwara the Guru's Gate one obtains understanding.	ਜੇ ਗੁਰੂ ਦੇ ਦਰ ਤੇ (ਆਪਾ-ਭਾਵ ਦੂਰ ਕਰ ਕੇ ਸਵਾਲੀ) ਬਣੀਏ, ਤਾਂ ਹੀ (ਹਿਰਦੇ ਨੂੰ ਪਵਿਤ੍ਰ ਕਰਨ ਦੀ) ਅਕਲ ਮਿਲਦੀ ਹੈ।
31365	730	ਏਤੁ ਦੁਆਰੈ ਧੋਇ ਹਛਾ ਹੋਇਸੀ॥		Eaeth Dhuaarai Dhhoe Hashhaa Hoeisee ||	By being washed through this Gate, it becomes pure.	ਗੁਰੂ ਦੇ ਦਰ ਤੇ ਰਹਿ ਕੇ ਹੀ (ਵਿਕਾਰਾਂ ਦੀ ਮੈਲ) ਧੋਤਿਆਂ ਹਿਰਦਾ ਪਵਿਤ੍ਰ ਹੁੰਦਾ ਹੈ।

31366	730	ਮੈਲੇ ਹਛੇ ਕਾ ਵੀਚਾਰੁ ਆਪਿ ਵਰਤਾਇਸੀ॥		Mailae Hashhae Kaa Veechaar Aap Varathaaeisee ||	The Lord Himself sets the standards to differentiate between the dirty and the pure.	(ਜੇ ਗੁਰੂ ਦੇ ਦਰ ਤੇ ਟਿਕੀਏ ਤਾਂ) ਪਰਮਾਤਮਾ ਆਪ ਹੀ ਇਹ (ਵਿਚਾਰਨ ਦੀ) ਸਮਝ ਬਖ਼ਸ਼ਦਾ ਹੈ ਕਿ ਅਸੀਂ ਚੰਗੇ ਹਾਂ ਜਾਂ ਮੰਦੇ।
31367	730	ਮਤੁ ਕੋ ਜਾਣੈ ਜਾਇ ਅਗੈ ਪਾਇਸੀ॥		Math Ko Jaanai Jaae Agai Paaeisee ||	Do not think that you will automatically find a place of rest hereafter.	(ਜੇ ਇਸ ਮਨੁੱਖਾ ਜੀਵਨ ਸਮੇ ਗੁਰੂ ਦਾ ਆਸਰਾ ਨਹੀਂ ਲਿਆ ਤਾਂ) ਕੋਈ ਜੀਵ ਇਹ ਨਾਹ ਸਮਝ ਲਏ ਕਿ (ਇਥੋਂ ਖ਼ਾਲੀ-ਹੱਥ) ਜਾ ਕੇ ਪਰਲੋਕ ਵਿਚ (ਜੀਵਨ ਪਵਿਤ੍ਰ ਕਰਨ ਦੀ ਸੁਝ) ਮਿਲੇਗੀ।
31368	730	ਜੇਹੇ ਕਰਮ ਕਮਾਇ ਤੇਹਾ ਹੋਇਸੀ॥		Jaehae Karam Kamaae Thaehaa Hoeisee ||	According to the actions one has committed, so does the mortal become.	(ਇਹ ਇਕ ਕੁਦਰਤੀ ਨਿਯਮ ਹੈ ਕਿ ਇਥੇ) ਮਨੁੱਖ ਜੇਹੋ ਜੇਹੇ ਕਰਮ ਕਰਦਾ ਹੈ ਉਹੋ ਜੇਹਾ ਉਹ ਬਣ ਜਾਂਦਾ ਹੈ।
31369	730	ਅੰਮ੍ਰਿਤੁ ਹਰਿ ਕਾ ਨਾਉ ਆਪਿ ਵਰਤਾਇਸੀ॥		Anmrith Har Kaa Naao Aap Varathaaeisee ||	He Himself bestows the Ambrosial Name of the Lord.	(ਜੋ ਮਨੁੱਖ ਗੁਰੂ ਦੇ ਦਰ ਤੇ ਡਿੱਗਦਾ ਹੈ ਉਸ ਨੂੰ) ਆਤਮਕ ਜੀਵਨ ਦੇਣ ਵਾਲਾ ਆਪਣਾ ਨਾਮ ਆਪ ਬਖ਼ਸ਼ਦਾ ਹੈ।
31370	730	ਚਲਿਆ ਪਤਿ ਸਿਉ ਜਨਮੁ ਸਵਾਰਿ ਵਾਜਾ ਵਾਇਸੀ॥		Chaliaa Path Sio Janam Savaar Vaajaa Vaaeisee ||	Such a mortal departs with honor and renown; his life is embellished and redeemed, and the trumpets resound with his glory.	(ਜਿਸ ਮਨੁੱਖ ਨੂੰ ਇਹ ਦਾਤ ਮਿਲਦੀ ਹੈ) ਉਹ ਆਪਣਾ ਮਨੁੱਖਾ ਜਨਮ ਸੁਚੱਜਾ ਬਣਾ ਕੇ ਇੱਜ਼ਤ ਖੱਟ ਕੇ ਇਥੋਂ ਜਾਂਦਾ ਹੈ, ਉਹ ਆਪਣੀ ਸੋਭਾ ਦਾ ਵਾਜਾ (ਇਥੇ) ਵਜਾ ਜਾਂਦਾ ਹੈ।

31371	730	ਮਾਣਸੁ ਕਿਆ ਵੇਚਾਰਾ ਤਿਹੁ ਲੋਕ ਸੁਣਾਇਸੀ॥		Maanas Kiaa Vaechaaraa Thihu Lok Sunaaeisee ||	Why speak of poor mortals? His glory shall echo throughout the three worlds.	ਕੋਈ ਇੱਕ ਮਨੁੱਖ ਕੀਹ? ਤਿੰਨਾਂ ਹੀ ਲੋਕਾਂ ਵਿਚ ਪਰਮਾਤਮਾ ਉਸ ਦੀ ਸੋਭਾ ਖਿਲਾਰਦਾ ਹੈ।
31372	730	ਨਾਨਕ ਆਪਿ ਨਿਹਾਲ ਸਭਿ ਕੁਲ ਤਾਰਸੀ॥੧॥੪॥੬॥		Naanak Aap Nihaal Sabh Kul Thaarasee ||1||4||6||	O Nanak, he himself shall be enraptured, and he shall save his entire ancestry. ||1||4||6||	ਹੇ ਨਾਨਕ! ਉਹ ਮਨੁੱਖ ਆਪ ਸਦਾ ਪ੍ਰਸੰਨ-ਚਿੱਤ ਰਹਿੰਦਾ ਹੈ, ਤੇ ਆਪਣੀਆਂ ਸਾਰੀਆਂ ਕੁਲਾਂ ਨੂੰ ਹੀ ਤਾਰ ਲੈਂਦਾ ਹੈ (ਸੋਭਾ ਦਿਵਾਂਦਾ ਹੈ) ॥੧॥੪॥੬॥
31373	730	ਸੂਹੀ ਮਹਲਾ ੧॥		Soohee Mehalaa 1 ||	Soohee, First Mehl:	
31374	730	ਜੋਗੀ ਹੋਵੈ ਜੋਗਵੈ ਭੋਗੀ ਹੋਵੈ ਖਾਇ॥		Jogee Hovai Jogavai Bhogee Hovai Khaae ||	The Yogi practices yoga, and the pleasure-seeker practices eating.	ਜੇਹੜਾ ਮਨੁੱਖ ਜੋਗੀ ਬਣ ਜਾਂਦਾ ਹੈ ਉਹ ਜੋਗ ਹੀ ਕਮਾਂਦਾ ਹੈ (ਜੋਗ ਕਮਾਣ ਨੂੰ ਹੀ ਸਹੀ ਰਸਤਾ ਸਮਝਦਾ ਹੈ), ਜੋ ਮਨੁੱਖ ਗ੍ਰਿਹਸਤੀ ਬਣਦਾ ਹੈ ਉਹ ਭੋਗਾਂ ਵਿਚ ਹੀ ਮਸਤ ਹੈ।
31375	730	ਤਪੀਆ ਹੋਵੈ ਤਪੁ ਕਰੇ ਤੀਰਥਿ ਮਲਿ ਮਲਿ ਨਾਇ॥੧॥		Thapeeaa Hovai Thap Karae Theerathh Mal Mal Naae ||1||	The austere practice austerities, bathing and rubbing themselves at sacred shrines of pilgrimage. ||1||	ਜੇਹੜਾ ਮਨੁੱਖ ਤਪੀ ਬਣਦਾ ਹੈ ਉਹ (ਸਦਾ) ਤਪ (ਹੀ) ਕਰਦਾ ਹੈ, ਤੇ ਤੀਰਥ ਉਤੇ (ਜਾ ਕੇ) ਮਲ ਮਲ ਕੇ (ਭਾਵ, ਬੜੇ ਸਿਦਕ-ਸਰਧਾ ਨਾਲ) ਇਸ਼ਨਾਨ ਕਰਦਾ ਹੈ ॥੧॥

31376	730	ਤੇਰਾ ਸਦੜਾ ਸੁਣੀਜੈ ਭਾਈ ਜੇ ਕੋ ਬਹੈ ਅਲਾਇ॥੧॥ਰਹਾਉ ॥	ਸੱਦੜਾ	Thaeraa Sadharraa Suneejai Bhaaee Jae Ko Behai Alaae ||1|| Rehaao ||	Let me hear some news of You, O Beloved; if only someone would come and sit with me, and tell me. ||1||Pause||	(ਪਰ) ਹੇ ਪਿਆਰੇ (ਪ੍ਰਭੂ)! ਮੈਂ ਤਾਂ ਤੇਰੀ ਸਿਫ਼ਤਿ-ਸਾਲਾਹ ਦਾ ਸ਼ਬਦ ਹੀ ਸੁਣਨਾ ਚਾਹੁੰਦਾ ਹਾਂ, ਜੇ ਕੋਈ (ਮੇਰੇ ਕੋਲ) ਬੈਠ ਜਾਏ ਤੇ ਮੈਨੂੰ ਸੁਣਾਵੇ ॥੧॥ ਰਹਾਉ ॥
31377	730	ਜੈਸਾ ਬੀਜੈ ਸੋ ਲੁਣੈ ਜੋ ਖਟੇ ਸੋ ਖਾਇ॥		Jaisaa Beejai So Lunae Jo Khattae Suo Khaae ||	As one plants, so does he harvest; whatever he earns, he eats.	(ਮਨੁੱਖ) ਜੇਹੋ ਜੇਹਾ ਬੀਜ ਬੀਜਦਾ ਹੈ ਉਹੋ (ਜੇਹਾ ਫਲ) ਵੱਢਦਾ ਹੈ, ਜੋ ਕੁਝ ਖੱਟੀ-ਕਮਾਈ ਕਰਦਾ ਹੈ, ਉਹੀ ਵਰਤਦਾ ਹੈ (ਜੋਗ ਭੋਗ ਤੇ ਤਪ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਕਮਾਈ ਨਹੀਂ ਹੈ ਪਰ ਪ੍ਰਭੂ ਦੀ ਹਜ਼ੂਰੀ ਵਿਚ ਸਿਫ਼ਤਿ-ਸਾਲਾਹ ਹੀ ਪਰਵਾਨ ਹੈ)।
31378	730	ਅਗੈ ਪੁਛ ਨ ਹੋਵਈ ਜੇ ਸਣੁ ਨੀਸਾਣੈ ਜਾਇ॥੨॥		Agai Pushh N Hovee Jae San Neesaanai Jaae ||2||	In the world hereafter, his account is not called for, if he goes with the insignia of the Lord. ||2||	ਜੇ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਪਰਵਾਨਾ ਲੈ ਕੇ (ਇਥੋਂ) ਜਾਏ ਤਾਂ ਅਗਾਂਹ (ਪ੍ਰਭੂ ਦੇ ਦਰ ਤੇ) ਉਸ ਨੂੰ ਰੋਕ-ਟੋਕ ਨਹੀਂ ਹੁੰਦੀ ॥੨॥

31379	730	ਤੈਸੋ ਜੈਸਾ ਕਾਢੀਐ ਜੈਸੀ ਕਾਰ ਕਮਾਇ॥		Thaiso Jaisaa Kaadteeai Jaisee Kaar Kamaae ||	According to the actions the mortal commits, so is he proclaimed.	ਮਨੁੱਖ ਜਿਹੋ ਜੇਹੀ ਕਾਰ ਕਮਾਂਦਾ ਹੈ ਉਹੋ ਜੇਹਾ ਉਸ ਦਾ ਨਾਮ ਪੈ ਜਾਂਦਾ ਹੈ (ਆਤਮਕ ਜੀਵਨ ਦੇ ਪੰਧ ਵਿਚ ਭੀ ਇਹੀ ਨਿਯਮ ਹੈ। ਭਗਤ ਉਹੀ ਜੋ ਭਗਤੀ ਕਰਦਾ ਹੈ। ਜੋਗ ਭੋਗ ਜਾਂ ਤਪ ਵਿਚੋਂ ਭਗਤੀ-ਭਾਵ ਪੈਦਾ ਨਹੀਂ ਹੋ ਸਕਦਾ)।
31380	730	ਜੋ ਦਮੁ ਚਿਤਿ ਨ ਆਵਈ ਸੋ ਦਮੁ ਬਿਰਥਾ ਜਾਇ॥੩॥		Jo Dham Chith N Aavee So Dham Birathhaa Jaae ||3||	And that breath which is drawn without thinking of the Lord, that breath goes in vain. ||3||	(ਮਨੁੱਖ ਦਾ) ਜੇਹੜਾ ਸੁਆਸ (ਕਿਸੇ ਐਸੇ ਉੱਦਮ ਵਿਚ ਲੰਘਦਾ ਹੈ ਕਿ ਪਰਮਾਤਮਾ) ਉਸ ਦੇ ਮਨ ਵਿਚ ਨਹੀਂ ਵੱਸਦਾ ਤਾਂ ਉਹ ਸੁਆਸ ਵਿਅਰਥ ਹੀ ਜਾਂਦਾ ਹੈ ॥੩॥
31381	730	ਇਹੁ ਤਨੁ ਵੇਚੀ ਬੈ ਕਰੀ ਜੇ ਕੋ ਲਏ ਵਿਕਾਇ॥		Eihu Than Vaechee Bai Karee Jae Ko Leae Vikaae ||	I would sell this body, if someone would only purchase it.	(ਇਸ ਵਾਸਤੇ) ਜੇ ਕੋਈ ਮਨੁੱਖ ਮੈਨੂੰ ਪ੍ਰਭੂ ਦਾ ਨਾਮ ਵੱਟੇ ਵਿਚ ਦੇ ਕੇ ਮੇਰਾ ਸਰੀਰ ਲੈਣਾ ਚਾਹੇ ਤਾਂ ਮੈਂ ਇਹ ਸਰੀਰ ਵੇਚਣ ਨੂੰ ਤਿਆਰ ਹਾਂ ਮੁੱਲ ਦੇਣ ਨੂੰ ਤਿਆਰ ਹਾਂ।
31382	730	ਨਾਨਕ ਕੰਮਿ ਨ ਆਵਈ ਜਿਤੁ ਤਨਿ ਨਾਹੀ ਸਚਾ ਨਾਉ॥੪॥੫॥੭॥		Naanak Kanm N Aavee Jith Than Naahee Sachaa Naao ||4||5||7||	O Nanak, that body is of no use at all, if it does not enshrine the Name of the True Lord. ||4||5||7||	ਹੇ ਨਾਨਕ! ਜਿਸ (ਮਨੁੱਖਾ) ਸਰੀਰ ਵਿਚ ਪਰਮਾਤਮਾ ਦਾ ਸਦਾ-ਥਿਰ ਰਹਿਣ ਵਾਲਾ ਨਾਮ ਨਹੀਂ ਵੱਸਦਾ ਉਹ ਸਰੀਰ ਕਿਸੇ ਕੰਮ ਨਹੀਂ ਆਉਂਦਾ (ਉਹ ਸਰੀਰ ਵਿਅਰਥ ਹੀ ਗਿਆ ਸਮਝੋ ॥੪॥੫॥੭॥

31383	730	ਸੂਹੀ ਮਹਲਾ ੧ ਘਰੁ ੭		Soohee Mehalaa 1 Ghar 7	Soohee, First Mehl, Seventh House:	ਰਾਗ ਸੂਹੀ, ਘਰ ੭ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
31384	730	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31385	730	ਜੋਗੁ ਨ ਖਿੰਥਾ ਜੋਗੁ ਨ ਡੰਡੈ ਜੋਗੁ ਨ ਭਸਮ ਚੜਾਈਐ॥	ਚੜ੍ਹਾਈਐ	Jog N Khinthhaa Jog N Ddanddai Jog N Bhasam Charraaeeai ||	Yoga is not the patched coat, Yoga is not the walking stick. Yoga is not smearing the body with ashes.	ਗੋਦੜੀ ਪਹਿਨ ਲੈਣਾ ਪਰਮਾਤਮਾ ਨਾਲ ਮਿਲਾਪ ਦਾ ਸਾਧਨ ਨਹੀਂ ਹੈ, ਡੰਡਾ ਹੱਥ ਵਿਚ ਫੜ ਲਿਆਂ ਹਰੀ-ਮੇਲ ਨਹੀਂ ਹੋ ਜਾਂਦਾ, ਜੇ ਸਰੀਰ ਉਤੇ ਸੁਆਹ ਮਲ ਲਈਏ ਤਾਂ ਭੀ ਪ੍ਰਭੂ ਦਾ ਮਿਲਾਪ ਨਹੀਂ ਹੁੰਦਾ।
31386	730	ਜੋਗੁ ਨ ਮੁੰਦੀ ਮੂੰਡਿ ਮੁਡਾਇਐ ਜੋਗੁ ਨ ਸਿੰਙੀ ਵਾਈਐ॥		Jog N Mundhee Moondd Muddaaeiai Jog N Sinn(g)ee Vaaeeai ||	Yoga is not the ear-rings, and not the shaven head. Yoga is not the blowing of the horn.	(ਕੰਨਾਂ ਵਿਚ) ਮੁੰਦ੍ਰਾਂ ਪਾਇਆਂ ਰੱਬ ਦਾ ਮੇਲ ਨਹੀਂ, ਜੇ ਸਿਰ ਮੁਨਾ ਲਈਏ ਤਾਂ ਭੀ ਪ੍ਰਭੂ-ਮਿਲਾਪ ਨਹੀਂ ਹੋ ਸਕਦਾ, ਸਿੰਙੀ ਵਜਾਇਆਂ ਭੀ ਜੋਗ ਸਿੱਧ ਨਹੀਂ ਹੋ ਜਾਂਦਾ।
31387	730	ਅੰਜਨ ਮਾਹਿ ਨਿਰੰਜਨਿ ਰਹੀਐ ਜੋਗ ਜੁਗਤਿ ਇਵ ਪਾਈਐ॥੧॥		Anjan Maahi Niranjan Reheeai Jog Jugath Eiv Paaeeai ||1||	Remaining unblemished in the midst of the filth of the world - this is the way to attain Yoga. ||1||	ਪਰਮਾਤਮਾ ਨਾਲ ਮਿਲਾਪ ਦਾ ਢੰਗ ਸਿਰਫ਼ ਇਸ ਤਰ੍ਹਾਂ ਹੀ ਹਾਸਲ ਹੁੰਦਾ ਹੈ ਕਿ ਮਾਇਆ ਦੇ ਮੋਹ ਦੀ ਕਾਲਖ ਵਿਚ ਰਹਿੰਦਿਆਂ ਹੀ ਮਾਇਆ ਤੋਂ ਨਿਰਲੇਪ ਪ੍ਰਭੂ ਵਿਚ ਜੁੜੇ ਰਹੀਏ ॥੧॥

31388	730	ਗਲੀ ਜੋਗੁ ਨ ਹੋਈ॥	ਗੱਲੀਂ	Galee Jog N Hoee ||	By mere words, Yoga is not attained.	ਨਿਰੀਆਂ ਗੱਲਾਂ ਕਰਨ ਨਾਲ ਪ੍ਰਭੂ-ਮਿਲਾਪ ਨਹੀਂ ਹੁੰਦਾ।
31389	730	ਏਕ ਦ੍ਰਿਸਟਿ ਕਰਿ ਸਮਸਰਿ ਜਾਣੈ ਜੋਗੀ ਕਹੀਐ ਸੋਈ॥੧॥ਰਹਾਉ॥		Eaek Dhrisatt Kar Samasar Jaanai Jogee Keheeai Soee ||1|| Rehaao ||	One who looks upon all with a single eye, and knows them to be one and the same - he alone is known as a Yogi. ||1||Pause||	ਉਹੀ ਮਨੁੱਖ ਜੋਗੀ ਅਖਵਾ ਸਕਦਾ ਹੈ ਜੋ ਇਕੋ ਜੇਹੀ ਨਿਗਾਹ ਨਾਲ ਸਭ (ਜੀਵਾਂ) ਨੂੰ ਬਰਾਬਰ (ਦੇ ਇਨਸਾਨ) ਸਮਝੇ ॥੧॥ ਰਹਾਉ ॥
31390	730	ਜੋਗੁ ਨ ਬਾਹਰਿ ਮੜੀ ਮਸਾਣੀ ਜੋਗੁ ਨ ਤਾੜੀ ਲਾਈਐ॥		Jog N Baahar Marree Masaanee Jog N Thaarree Laaeeai ||	Yoga is not wandering to the tombs of the dead; Yoga is not sitting in trances.	(ਘਰੋਂ) ਬਾਹਰ ਮੜ੍ਹੀਆਂ ਵਿਚ ਮਸਾਣਾਂ ਵਿਚ ਰਿਹਾਂ ਪ੍ਰਭੂ-ਮੇਲ ਨਹੀਂ ਹੁੰਦਾ, ਸਮਾਧੀਆਂ ਲਾਇਆਂ ਭੀ ਰੱਬ ਨਹੀਂ ਮਿਲਦਾ।
31391	730	ਜੋਗੁ ਨ ਦੇਸਿ ਦਿਸੰਤਰਿ ਭਵਿਐ ਜੋਗੁ ਨ ਤੀਰਥਿ ਨਾਈਐ॥	ਨ੍ਹਾਈਐ	Jog N Dhaes Dhisanthar Bhaviai Jog N Theerathh Naaeeai ||	Yoga is not wandering through foreign lands; Yoga is not bathing at sacred shrines of pilgrimage.	ਜੇ ਦੇਸ ਪਰਦੇਸ ਵਿਚ ਭੌਂਦੇ ਫਿਰੀਏ ਤਾਂ ਭੀ ਪ੍ਰਭੂ-ਮਿਲਾਪ ਨਹੀਂ ਹੁੰਦਾ। ਤੀਰਥ ਉਤੇ ਇਸ਼ਨਾਨ ਕੀਤਿਆਂ ਭੀ ਪ੍ਰਭੂ-ਪ੍ਰਾਪਤੀ ਨਹੀਂ।
31392	730	ਅੰਜਨ ਮਾਹਿ ਨਿਰੰਜਨਿ ਰਹੀਐ ਜੋਗ ਜੁਗਤਿ ਇਵ ਪਾਈਐ॥੨॥		Anjan Maahi Niranjan Reheeai Jog Jugath Eiv Paaeeai ||2||	Remaining unblemished in the midst of the filth of the world - this is the way to attain Yoga. ||2||	ਪਰਮਾਤਮਾ ਨਾਲ ਮਿਲਾਪ ਦਾ ਢੰਗ ਸਿਰਫ਼ ਇਸ ਤਰ੍ਹਾਂ ਹੀ ਆਉਂਦਾ ਹੈ ਕਿ ਮਾਇਆ ਦੇ ਮੋਹ ਦੀ ਕਾਲਖ ਵਿਚ ਰਹਿੰਦਿਆਂ ਹੀ ਮਾਇਆ ਤੋਂ ਨਿਰਲੇਪ ਪ੍ਰਭੂ ਵਿਚ ਜੁੜੇ ਰਹੀਏ ॥੨॥

31393	730	ਸਤਿਗੁਰੁ ਭੇਟੈ ਤਾ ਸਹਸਾ ਤੂਟੈ ਧਾਵਤੁ ਵਰਜਿ ਰਹਾਈਐ॥		Sathigur Bhaettai Thaa Sehasaa Thoottai Dhhaavath Varaj Rehaaeeai ||	Meeting with the True Guru, doubt is dispelled, and the wandering mind is restrained.	ਜਦੋਂ ਗੁਰੂ ਮਿਲ ਪਏ ਤਾਂ ਮਨ ਦਾ ਸਹਿਮ ਮੁੱਕ ਜਾਂਦਾ ਹੈ, ਵਿਕਾਰਾਂ ਵਲ ਦੌੜਦੇ ਮਨ ਨੂੰ ਰੋਕ ਕੇ ਰੱਖ ਸਕੀਦਾ ਹੈ,
31394	730	ਨਿਝਰੁ ਝਰੈ ਸਹਜ ਧੁਨਿ ਲਾਗੈ ਘਰ ਹੀ ਪਰਚਾ ਪਾਈਐ॥	ਨਿੱਝਰੁ	Nijhar Jharai Sehaj Dhhun Laagai Ghar Hee Parachaa Paaeeai ||	Nectar rains down, celestial music resounds, and deep within, wisdom is obtained.	(ਮਨ ਵਿਚ ਪ੍ਰਭੂ ਦੇ ਅੰਮ੍ਰਿਤ ਨਾਮ ਦਾ ਇਕ) ਚਸ਼ਮਾ ਚੱਲ ਪੈਂਦਾ ਹੈ, ਅਡੋਲ ਅਵਸਥਾ ਦੀ ਰੌ ਬਣ ਜਾਂਦੀ ਹੈ; ਹਿਰਦੇ ਦੇ ਅੰਦਰ ਹੀ ਪਰਮਾਤਮਾ ਨਾਲ ਸਾਂਝ ਬਣ ਜਾਂਦੀ ਹੈ।
31395	730	ਅੰਜਨ ਮਾਹਿ ਨਿਰੰਜਨਿ ਰਹੀਐ ਜੋਗ ਜੁਗਤਿ ਇਵ ਪਾਈਐ॥੩॥		Anjan Maahi Niranjan Reheeai Jog Jugath Eiv Paaeeai ||3||	Remaining unblemished in the midst of the filth of the world - this is the way to attain Yoga. ||3||	ਪਰਮਾਤਮਾ ਨਾਲ ਮਿਲਾਪ ਦੀ ਜਾਚ ਸਿਰਫ਼ ਇਸੇ ਤਰ੍ਹਾਂ ਆਉਂਦੀ ਹੈ ਕਿ ਮਾਇਆ ਦੇ ਮੋਹ ਦੀ ਕਾਲਖ ਵਿਚ ਰਹਿੰਦਿਆਂ ਹੀ ਮਾਇਆ ਤੋਂ ਨਿਰਲੇਪ ਪ੍ਰਭੂ ਵਿਚ ਜੁੜੇ ਰਹੀਏ ॥੩॥
31396	730	ਨਾਨਕ ਜੀਵਤਿਆ ਮਰਿ ਰਹੀਐ ਐਸਾ ਜੋਗੁ ਕਮਾਈਐ॥		Naanak Jeevathiaa Mar Reheeai Aisaa Jog Kamaaeeai ||	O Nanak, remain dead while yet alive - practice such a Yoga.	ਹੇ ਨਾਨਕ! ਪਰਮਾਤਮਾ ਦੇ ਮਿਲਾਪ ਦਾ ਅੱਭਿਆਸ ਇਉਂ ਕਰਨਾ ਚਾਹੀਦਾ ਹੈ ਕਿ ਦੁਨੀਆ ਦੇ ਕਾਰ-ਵਿਹਾਰ ਕਰਦਿਆਂ ਹੀ ਵਿਕਾਰਾਂ ਵਲੋਂ ਪਰੇ ਹਟੇ ਰਹਿਣਾ ਚਾਹੀਦਾ ਹੈ।

31397	730	ਵਾਜੇ ਬਾਝਹੁ ਸਿੰਙੀ ਵਾਜੈ ਤਉ ਨਿਰਭਉ ਪਦੁ ਪਾਈਐ॥	ਪਦੁ:ਪੌਲਾ	Vaajae Baajhahu Sinn(g)ee Vaajai Tho Nirabho Padh Paaeeai ||	When the horn is blown without being blown, then you shall attain the state of fearless dignity.	(ਜੋਗੀ ਤਾਂ ਸਿੰਙ ਦਾ ਵਾਜਾ ਵਜਾਂਦਾ ਹੈ, ਪਰ ਸਿਮਰਨ-ਅੱਭਿਆਸ ਕਰਨ ਵਾਲੇ ਦੇ ਅੰਦਰ ਇਕ ਅਜੇਹਾ ਸੁਰੀਲਾ ਆਨੰਦ ਬਣਦਾ ਹੈ ਕਿ, ਮਾਨੋ) ਬਿਨਾ ਵਾਜਾ ਵਜਾਇਆਂ ਸਿੰਙ ਦਾ ਵਾਜਾ ਵੱਜ ਰਿਹਾ ਹੈ। (ਜਦੋਂ ਮਨੁੱਖ ਇਸ ਆਤਮਕ ਆਨੰਦ ਨੂੰ ਮਾਣਨ ਲੱਗ ਪੈਂਦਾ ਹੈ) ਤਦੋਂ ਉਹ ਐਸੀ ਆਤਮਕ ਅਵਸਥਾ ਪ੍ਰਾਪਤ ਕਰ ਲੈਂਦਾ ਹੈ ਜਿਸ ਵਿਚ ਕਿਸੇ ਤਰ੍ਹਾਂ ਦਾ ਕੋਈ ਡਰ ਨਹੀਂ ਰਹਿ ਜਾਂਦਾ।
31398	730	ਅੰਜਨ ਮਾਹਿ ਨਿਰੰਜਨਿ ਰਹੀਐ ਜੋਗ ਜੁਗਤਿ ਤਉ ਪਾਈਐ॥੪॥੧॥੮॥		Anjan Maahi Niranjan Reheeai Jog Jugath Tho Paaeeai ||4||1||8||	Remaining unblemished in the midst of the filth of the world - this is the way to attain Yoga. ||4||1||8||	ਜਦੋਂ ਮਾਇਆ ਦੇ ਮੋਹ ਦੀ ਕਾਲਖ ਵਿਚ ਰਹਿੰਦਿਆਂ ਹੀ ਮਾਇਆ ਤੋਂ ਨਿਰਲੇਪ ਪ੍ਰਭੂ ਵਿਚ ਜੁੜੇ ਰਹਿ ਸਕੀਏ, ਤਦੋਂ ਪ੍ਰਭੂ-ਮਿਲਾਪ ਦੀ ਜਾਚ ਆ ਜਾਂਦੀ ਹੈ ॥੪॥੧॥੮॥
31399	730	ਸੂਹੀ ਮਹਲਾ ੧॥		Soohee Mehalaa 1 ||	Soohee, First Mehl:	
31400	730	ਕਉਣ ਤਰਾਜੀ ਕਵਣੁ ਤੁਲਾ ਤੇਰਾ ਕਵਣੁ ਸਰਾਫੁ ਬੁਲਾਵਾ॥		Koun Tharaajee Kavan Thulaa Thaeraa Kavan Saraaf Bulaavaa ||	What scale, what weights, and what assayer shall I call for You, Lord?	ਹੇ ਪ੍ਰਭੂ! ਕੋਈ ਐਸੀ ਤੱਕੜੀ ਨਹੀਂ ਕੋਈ ਐਸਾ ਵੱਟਾ ਨਹੀਂ (ਜੋ ਤੇਰੇ ਗੁਣਾਂ ਦਾ ਅੰਦਾਜ਼ਾ ਲਾ ਸਕਣ), ਕੋਈ ਐਸਾ ਸਰਾਫ਼ ਨਹੀਂ ਜਿਸ ਨੂੰ ਮੈਂ (ਤੇਰੇ ਗੁਣਾਂ ਦਾ ਅੰਦਾਜ਼ਾ ਲਾਣ ਵਾਸਤੇ) ਸੱਦ ਸਕਾਂ।

31401	730	ਕਉਣੁ ਗੁਰੂ ਕੈ ਪਹਿ ਦੀਖਿਆ ਲੇਵਾ ਕੈ ਪਹਿ ਮੁਲੁ ਕਰਾਵਾ॥੧॥		Koun Guroo Kai Pehi Dheekhiaa Laevaa Kai Pehi Mul Karaavaa ||1||	From what guru should I receive instruction? By whom should I have Your value appraised? ||1||	ਮੈਨੂੰ ਕੋਈ ਐਸਾ ਉਸਤਾਦ ਨਹੀਂ ਦਿੱਸਦਾ ਜਿਸ ਪਾਸੋਂ ਮੈਂ ਤੇਰਾ ਮੁੱਲ ਪਵਾ ਸਕਾਂ ਜਾਂ ਮੁੱਲ ਪਾਣ ਦੀ ਜਾਚ ਸਿੱਖ ਸਕਾਂ ॥੧॥
31402	731	ਮੇਰੇ ਲਾਲ ਜੀਉ ਤੇਰਾ ਅੰਤੁ ਨ ਜਾਣਾ॥		Maerae Laal Jeeo Thaeraa Anth N Jaanaa ||	O my Dear Beloved Lord, Your limits are not known.	ਹੇ ਮੇਰੇ ਸੋਹਣੇ ਪ੍ਰਭੂ ਜੀ! ਮੈਂ ਤੇਰੇ ਗੁਣਾਂ ਦਾ ਅੰਤ ਨਹੀਂ ਜਾਣ ਸਕਦਾ (ਮੈਨੂੰ ਇਹ ਸਮਝ ਨਹੀਂ ਆ ਸਕਦੀ ਕਿ ਤੇਰੇ ਵਿਚ ਕਿਤਨੀਆਂ ਕੁ ਸਿਫ਼ਤਾਂ ਹਨ)।
31403	731	ਤੂੰ ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ ਤੂੰ ਆਪੇ ਸਰਬ ਸਮਾਣਾ॥੧॥ਰਹਾਉ॥		Thoon Jal Thhal Meheeal Bharipur Leenaa Thoon Aapae Sarab Samaanaa ||1|| Rehaao ||	You pervade the water, the land, and the sky; You Yourself are All-pervading. ||1||Pause||	ਤੂੰ ਪਾਣੀ ਵਿਚ ਭਰਪੂਰ ਹੈਂ, ਤੂੰ ਧਰਤੀ ਦੇ ਅੰਦਰ ਵਿਆਪਕ ਹੈਂ, ਤੂੰ ਆਕਾਸ਼ ਵਿਚ ਹਰ ਥਾਂ ਮੌਜੂਦ ਹੈਂ, ਤੂੰ ਆਪ ਹੀ ਸਭ ਜੀਵਾਂ ਵਿਚ ਸਭ ਥਾਵਾਂ ਵਿਚ ਸਮਾਇਆ ਹੋਇਆ ਹੈਂ ॥੧॥ ਰਹਾਉ ॥
31404	731	ਮਨੁ ਤਾਰਾਜੀ ਚਿਤੁ ਤੁਲਾ ਤੇਰੀ ਸੇਵ ਸਰਾਫੁ ਕਮਾਵਾ॥		Man Thaaraajee Chith Thulaa Thaeree Saev Saraaf Kamaavaa ||	Mind is the scale, consciousness the weights, and the performance of Your service is the appraiser.	ਹੇ ਪ੍ਰਭੂ! ਜੇ ਮੇਰਾ ਮਨ ਤੱਕੜੀ ਬਣ ਜਾਏ, ਜੇ ਮੇਰਾ ਚਿੱਤ ਤੋਲਣ ਵਾਲਾ ਵੱਟਾ ਬਣ ਜਾਏ, ਜੇ ਮੈਂ ਤੇਰੀ ਸੇਵਾ ਕਰ ਸਕਾਂ, ਤੇਰਾ ਸਿਮਰਨ ਕਰ ਸਕਾਂ (ਜੇ ਇਹ ਸੇਵਾ-ਸਿਮਰਨ ਮੇਰੇ ਵਾਸਤੇ) ਸਰਾਫ਼ ਬਣ ਜਾਏ,

31405	731	ਘਟ ਹੀ ਭੀਤਰਿ ਸੋ ਸਹੁ ਤੋਲੀ ਇਨ ਬਿਧਿ ਚਿਤੁ ਰਹਾਵਾ॥੨॥		Ghatt Hee Bheethar So Sahu Tholee Ein Bidhh Chith Rehaavaa ||2||	Deep within my heart, I weigh my Husband Lord; in this way I focus my consciousness. ||2||	(ਤੇਰੇ ਗੁਣਾਂ ਦਾ ਮੈਂ ਅੰਤ ਤਾਂ ਨਹੀਂ ਪਾ ਸਕਾਂਗਾ, ਪਰ) ਇਹਨਾਂ ਤਰੀਕਿਆਂ ਨਾਲ ਮੈਂ ਆਪਣੇ ਚਿੱਤ ਨੂੰ ਤੇਰੇ ਚਰਨਾਂ ਵਿਚ ਟਿਕਾ ਕੇ ਰੱਖ ਸਕਾਂਗਾ। (ਹੇ ਭਾਈ!) ਮੈਂ ਆਪਣੇ ਹਿਰਦੇ ਵਿਚ ਹੀ ਉਸ ਖਸਮ-ਪ੍ਰਭੂ ਨੂੰ ਬੈਠਾ ਜਾਚ ਸਕਾਂਗਾ ॥੨॥
31406	731	ਆਪੇ ਕੰਡਾ ਤੋਲੁ ਤਰਾਜੀ ਆਪੇ ਤੋਲਣਹਾਰਾ॥		Aapae Kanddaa Thol Tharaajee Aapae Tholanehaaraa ||	You Yourself are the balance, the weights and the scale; You Yourself are the weigher.	(ਹੇ ਭਾਈ! ਪ੍ਰਭੂ ਹਰੇਕ ਥਾਂ ਵਿਆਪਕ ਹੈ, ਆਪਣੀ ਵਡਿਆਈ ਭੀ ਉਹ ਆਪ ਹੀ ਜਾਣਦਾ ਹੈ ਤੇ ਜਾਚ ਸਕਦਾ ਹੈ ਉਹ) ਆਪ ਹੀ ਤੱਕੜੀ ਹੈ, ਤੱਕੜੀ ਦਾ ਵੱਟਾ ਹੈ, ਤੱਕੜੀ ਦੀ ਬੋਦੀ ਹੈ, ਉਹ ਆਪ ਹੀ (ਆਪਣੇ ਗੁਣਾਂ ਨੂੰ) ਤੋਲਣ ਵਾਲਾ ਹੈ।
31407	731	ਆਪੇ ਦੇਖੈ ਆਪੇ ਬੂਝੈ ਆਪੇ ਹੈ ਵਣਜਾਰਾ॥੩॥		Aapae Dhaekhai Aapae Boojhai Aapae Hai Vanajaaraa ||3||	You Yourself see, and You Yourself understand; You Yourself are the trader. ||3||	ਉਹ ਆਪ ਹੀ ਸਭ ਜੀਵਾਂ ਦੀ ਸੰਭਾਲ ਕਰਦਾ ਹੈ, ਆਪ ਹੀ ਸਭ ਦੇ ਦਿਲਾਂ ਦੀ ਸਮਝਦਾ ਹੈ, ਆਪ ਹੀ ਜੀਵ-ਰੂਪ ਹੋ ਕੇ ਜਗਤ ਵਿਚ (ਨਾਮ) ਵਣਜ ਕਰ ਰਿਹਾ ਹੈ ॥੩॥

31408	731	ਅੰਧੁਲਾ ਨੀਚ ਜਾਤਿ ਪਰਦੇਸੀ ਖਿਨੁ ਆਵੈ ਤਿਲੁ ਜਾਵੈ॥		Andhhulaa Neech Jaath Paradhaesee Khin Aavai Thil Jaavai ||	The blind, low class wandering soul, comes for a moment, and departs in an instant.	ਜੋ (ਮਨ ਮਾਇਆ ਦੇ ਮੋਹ ਵਿਚ) ਅੰਨ੍ਹਾ ਹੋਇਆ ਪਿਆ ਹੈ ਜੋ (ਜਨਮਾਂ ਜਨਮਾਂਤਰਾਂ ਦੇ ਵਿਕਾਰਾਂ ਦੀ ਮੈਲ ਨਾਲ) ਨੀਵੀਂ ਜਾਤਿ ਦਾ ਬਣਿਆ ਹੋਇਆ ਹੈ, ਜੋ ਸਦਾ ਭਟਕਦਾ ਰਹਿੰਦਾ ਹੈ, ਰਤਾ ਮਾਤ੍ਰ ਭੀ ਕਿਤੇ ਇਕ ਥਾਂ ਟਿਕ ਨਹੀਂ ਸਕਦਾ
31409	731	ਤਾ ਕੀ ਸੰਗਤਿ ਨਾਨਕੁ ਰਹਦਾ ਕਿਉ ਕਰਿ ਮੂੜਾ ਪਾਵੈ॥੪॥੨॥੯॥		Thaa Kee Sangath Naanak Rehadhaa Kio Kar Moorraa Paavai ||4||2||9||	In its company, Nanak dwells; how can the fool attain the Lord? ||4||2||9||	ਨਾਨਕ ਦੀ ਸੰਗਤਿ ਸਦਾ ਉਸ ਮਨ ਨਾਲ ਹੈ, ਜਿਸ ਕਰ ਕੇ ਅੰਞਾਣ ਨਾਨਕ ਪਰਮਾਤਮਾ ਦੇ ਗੁਣਾਂ ਦੀ ਕਦਰ ਨਹੀਂ ਪਾ ਸਕਦਾ ॥੪॥੨॥੯॥
31410	731	ਰਾਗੁ ਸੂਹੀ ਮਹਲਾ ੪ ਘਰੁ ੧		Raag Soohee Mehalaa 4 Ghar 1	Raag Soohee, Fourth Mehl, First House:	ਰਾਗ ਸੂਹੀ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
31411	731	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31412	731	ਮਨਿ ਰਾਮ ਨਾਮੁ ਆਰਾਧਿਆ ਗੁਰ ਸਬਦਿ ਗੁਰੂ ਗੁਰ ਕੇ॥		Man Raam Naam Aaraadhhiaa Gur Sabadh Guroo Gur Kae ||	My mind worships and adores the Lord's Name,through the Guru,and the Word of the Guru's Shabad.	ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਦਾ ਨਾਮ ਸਿਮਰਿਆ ਹੈ,

31413	731	ਸਭਿ ਇਛਾ ਮਨਿ ਤਨਿ ਪੂਰੀਆ ਸਭੁ ਚੂਕਾ ਡਰੁ ਜਮ ਕੇ॥੧॥		Sabh Eishhaa Man Than Pooreeaa Sabh Chookaa Ddar Jam Kae ||1||	All the desires of my mind and body have been fulfilled; all fear of death has been dispelled. ||1||	ਉਸ ਦੇ ਮਨ ਵਿਚ ਤਨ ਵਿਚ (ਉਪਜੀਆਂ) ਸਾਰੀਆਂ ਇੱਛਾਂ ਪੂਰੀਆਂ ਹੋ ਜਾਂਦੀਆਂ ਹਨ, ਉਸ ਦੇ ਦਿਲ ਵਿਚੋਂ) ਜਮ ਦਾ ਭੀ ਸਾਰਾ ਡਰ ਲਹਿ ਜਾਂਦਾ ਹੈ ॥੧॥
31414	731	ਮੇਰੇ ਮਨ ਗੁਣ ਗਾਵਹੁ ਰਾਮ ਨਾਮ ਹਰਿ ਕੇ॥		Maerae Man Gun Gaavahu Raam Naam Har Kae ||	O my mind, sing the Glorious Praises of the Lord's Name.	ਹੇ ਮੇਰੇ ਮਨ! ਪਰਮਾਤਮਾ ਦੇ ਨਾਮ ਦੇ ਗੁਣ ਗਾਇਆ ਕਰ।
31415	731	ਗੁਰਿ ਤੁਠੈ ਮਨੁ ਪਰਬੋਧਿਆ ਹਰਿ ਪੀਆ ਰਸੁ ਗਟਕੇ॥੧॥ਰਹਾਉ॥		Gur Thuthai Man Parabodhhiaa Har Peeaa Ras Gattakae ||1|| Rehaao ||	And when the Guru is pleased and satisfied, the mind is instructed; it then joyfully drinks in the subtle essence of the Lord. ||1||Pause||	ਜੇ (ਕਿਸੇ ਮਨੁੱਖ ਉਤੇ) ਗੁਰੂ ਦਇਆਵਾਨ ਹੋ ਜਾਏ, ਤਾਂ (ਉਸ ਦਾ) ਮਨ (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਜਾਗ ਪੈਂਦਾ ਹੈ, ਉਹ ਮਨੁੱਖ ਪਰਮਾਤਮਾ ਦੇ ਨਾਮ ਦਾ ਰਸ ਸੁਆਦ ਨਾਲ ਪੀਂਦਾ ਹੈ ॥੧॥ ਰਹਾਉ ॥
31416	731	ਸਤਸੰਗਤਿ ਊਤਮ ਸਤਿਗੁਰ ਕੇਰੀ ਗੁਨ ਗਾਵੈ ਹਰਿ ਪ੍ਰਭ ਕੇ॥		Sathasangath Ootham Sathigur Kaeree Gun Gaavai Har Prabh Kae ||	The Sat Sangat, the True Congregation of the True Guru, is sublime and exalted. They sing the Glorious Praises of the Lord God.	ਹੇ ਭਾਈ! ਗੁਰੂ ਦੀ ਸਾਧ ਸੰਗਤਿ ਬੜਾ ਸ੍ਰੇਸ਼ਟ ਥਾਂ ਹੈ (ਸਾਧ ਸੰਗਤਿ ਵਿਚ ਮਨੁੱਖ) ਹਰਿ-ਪ੍ਰਭੂ ਦੇ ਗੁਣ ਗਾਂਦਾ ਹੈ।

31417	731	ਹਰਿ ਕਿਰਪਾ ਧਾਰਿ ਮੇਲਹੁ ਸਤਸੰਗਤਿ ਹਮ ਧੋਵਹ ਪਗ ਜਨ ਕੇ॥੨॥	ਪਗ:ਪੋਲਾ ਬੋਲੋ	Har Kirapaa Dhhaar Maelahu Sathasangath Ham Dhhoveh Pag Jan Kae ||2||	Bless me with Your Mercy, Lord, and unite me with the Sat Sangat; I wash the feet of Your humble servants. ||2||	ਹੇ ਹਰੀ! ਮੇਹਰ ਕਰ, ਮੈਨੂੰ ਸਾਧ ਸੰਗਤਿ ਮਿਲਾ (ਉਥੇ) ਮੈਂ ਤੇਰੇ ਸੰਤ ਜਨਾਂ ਦੇ ਪੈਰ ਧੋਵਾਂਗਾ ॥੨॥
31418	731	ਰਾਮ ਨਾਮੁ ਸਭੁ ਹੈ ਰਾਮ ਨਾਮਾ ਰਸੁ ਗੁਰਮਤਿ ਰਸੁ ਰਸਕੇ॥		Raam Naam Sabh Hai Raam Naamaa Ras Guramath Ras Rasakae ||	The Lord's Name is all. The Lord's Name is the essence of the Guru's Teachings, the juice, the sweetness of it.	ਹੇ ਭਾਈ! ਪਰਮਾਤਮਾ ਦਾ ਨਾਮ ਹਰੇਕ ਸੁਖ ਦੇਣ ਵਾਲਾ ਹੈ। (ਪਰ) ਗੁਰੂ ਦੀ ਮਤਿ ਉਤੇ ਤੁਰ ਕੇ ਹੀ ਹਰਿ-ਨਾਮ ਦਾ ਰਸ ਸੁਆਦ ਨਾਲ ਲਿਆ ਜਾ ਸਕਦਾ ਹੈ।
31419	731	ਹਰਿ ਅੰਮ੍ਰਿਤੁ ਹਰਿ ਜਲੁ ਪਾਇਆ ਸਭ ਲਾਥੀ ਤਿਸ ਤਿਸ ਕੇ॥੩॥	(ਤਿਸ)ਤ੍ਰਿਸ਼ਨਾ, ਤ੍ਰੇਹ। ਕੇਦੀ	Har Anmrith Har Jal Paaeiaa Sabh Laathhee This This Kae ||3||	I have found the Ambrosial Nectar, the Divine Water of the Lord's Name, and all my thirst for it is quenched. ||3||	ਜਿਸ ਮਨੁੱਖ ਨੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪ੍ਰਾਪਤ ਕਰ ਲਿਆ, ਉਸ ਦੀ (ਮਾਇਆ ਦੀ) ਸਾਰੀ ਤ੍ਰੇਹ ਲਹਿ ਗਈ ॥੩॥
31420	731	ਹਮਰੀ ਜਾਤਿ ਪਾਤਿ ਗੁਰੁ ਸਤਿਗੁਰੁ ਹਮ ਵੇਚਿਓ ਸਿਰੁ ਗੁਰ ਕੇ॥		Hamaree Jaath Paath Gur Sathigur Ham Vaechiou Sir Gur Kae ||	The Guru, the True Guru, is my social status and honor; I have sold my head to the Guru.	ਹੇ ਭਾਈ! ਗੁਰੂ ਹੀ ਮੇਰੀ ਜਾਤਿ ਹੈ, ਗੁਰੂ ਹੀ ਮੇਰੀ ਇੱਜ਼ਤ ਹੈ, ਮੈਂ ਆਪਣਾ ਸਿਰ ਗੁਰੂ ਦੇ ਪਾਸ ਵੇਚ ਦਿੱਤਾ ਹੈ।

31421	731	ਜਨ ਨਾਨਕ ਨਾਮੁ ਪਰਿਓ ਗੁਰ ਚੇਲਾ ਗੁਰ ਰਾਖਹੁ ਲਾਜ ਜਨ ਕੇ॥੪॥੧॥		Jan Naanak Naam Pariou Gur Chaelaa Gur Raakhahu Laaj Jan Kae ||4||1||	Servant Nanak is called the chaylaa, the disciple of the Guru; O Guru, save the honor of Your servant. ||4||1||	ਹੇ ਦਾਸ ਨਾਨਕ! (ਆਖ-) ਹੇ ਗੁਰੂ! ਮੇਰਾ ਨਾਮ 'ਗੁਰੂ ਕਾ ਸਿੱਖ' ਪੈ ਗਿਆ ਹੈ, ਹੁਣ ਤੂੰ ਆਪਣੇ ਇਸ ਸੇਵਕ ਦੀ ਇੱਜ਼ਤ ਰੱਖ ਲੈ (ਤੇ, ਹਰਿ-ਨਾਮ ਦੀ ਦਾਤ ਬਖ਼ਸ਼ੀ ਰੱਖ) ॥੪॥੧॥
31422	731	ਸੂਹੀ ਮਹਲਾ ੪॥		Soohee Mehalaa 4 ||	Soohee, Fourth Mehl:	
31423	731	ਹਰਿ ਹਰਿ ਨਾਮੁ ਭਜਿਓ ਪੁਰਖੋਤਮੁ ਸਭਿ ਬਿਨਸੇ ਦਾਲਦ ਦਲਘਾ॥	ਦਲ-ਘਾ:ਪੋਲਾ ਬੋਲੋ	Har Har Naam Bhajiou Purakhotham Sabh Binasae Dhaaladh Dhalaghaa ||	I chant and vibrate the Name of the Lord God, the Supreme Being, Har, Har; my poverty and problems have all been eradicated.	ਹੇ ਭਾਈ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਜਪਿਆ ਹੈ, ਹਰੀ ਉੱਤਮ ਪੁਰਖ ਨੂੰ ਜਪਿਆ ਹੈ, ਉਸ ਦੇ ਸਾਰੇ ਦਰਿੱਦ੍ਰ, ਦਲਾਂ ਦੇ ਦਲ ਨਾਸ ਹੋ ਗਏ ਹਨ।
31424	731	ਭਉ ਜਨਮ ਮਰਣਾ ਮੇਟਿਓ ਗੁਰ ਸਬਦੀ ਹਰਿ ਅਸਥਿਰੁ ਸੇਵਿ ਸੁਖਿ ਸਮਘਾ॥੧॥	ਸਮ-ਘਾ:ਪੋਲਾ ਬੋਲੋ	Bho Janam Maranaa Maettiou Gur Sabadhee Har Asathhir Saev Sukh Samaghaa ||1||	The fear of birth and death has been erased,through the Word of the Guru's Shabad; serving the Unmoving,Unchanging Lord, I am absorbed in peace. ||1||	ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਮਨੁੱਖ ਨੇ ਜਨਮ ਮਰਨ ਦਾ ਡਰ ਭੀ ਮੁਕਾ ਲਿਆ। ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਸੇਵਾ-ਭਗਤੀ ਕਰ ਕੇ ਉਹ ਆਨੰਦ ਵਿਚ ਲੀਨ ਹੋ ਗਿਆ ॥੧॥
31425	731	ਮੇਰੇ ਮਨ ਭਜੁ ਰਾਮ ਨਾਮ ਅਤਿ ਪਿਰਘਾ॥	(ਪਿਰ-ਘਾ)ਪਿਆਰਾ	Maerae Man Bhaj Raam Naam Ath Piraghaa ||	O my mind, vibrate the Name of the most Beloved, Darling Lord.	ਹੇ ਮੇਰੇ ਮਨ! ਸਦਾ ਪਰਮਾਤਮਾ ਦਾ ਅੱਤ ਪਿਆਰਾ ਨਾਮ ਸਿਮਰਿਆ ਕਰ।

31426	731	ਮੈ ਮਨੁ ਤਨੁ ਅਰਪਿ ਧਰਿਓ ਗੁਰ ਆਗੈ ਸਿਰੁ ਵੇਚਿ ਲੀਓ ਮੁਲਿ ਮਹਘਾ॥੧॥ਰਹਾਉ॥	ਮਹ-ਘਾ	Mai Man Than Arap Dhhariou Gur Aagai Sir Vaech Leeou Mul Mehaghaa ||1|| Rehaao ||	I have dedicated my mind and body, and placed them in offering before the Guru; I have sold my head to the Guru, for a very dear price. ||1||Pause||	ਹੇ ਭਾਈ! ਮੈਂ ਆਪਣਾ ਮਨ ਆਪਣਾ ਸਰੀਰ ਭੇਟਾ ਕਰ ਕੇ ਗੁਰੂ ਦੇ ਅੱਗੇ ਰੱਖ ਦਿੱਤਾ ਹੈ। ਮੈਂ ਆਪਣਾ ਸਿਰ ਮਹਿੰਗੇ ਮੁੱਲ ਦੇ ਵੱਟੇ ਵੇਚ ਦਿੱਤਾ ਹੈ (ਮੈਂ ਸਿਰ ਦੇ ਇਵਜ਼ ਕੀਮਤੀ ਹਰਿ-ਨਾਮ ਲੈ ਲਿਆ ਹੈ) ॥੧॥ ਰਹਾਉ ॥
31427	731	ਨਰਪਤਿ ਰਾਜੇ ਰੰਗ ਰਸ ਮਾਣਹਿ ਬਿਨੁ ਨਾਵੈ ਪਕੜਿ ਖੜੇ ਸਭਿ ਕਲਘਾ॥	ਕਲ-ਘਾ। ਖੜੇ ੜ ਹਲੰਤ ਨ ਲਾਉ	Narapath Raajae Rang Ras Maanehi Bin Naavai Pakarr Kharrae Sabh Kalaghaa ||	The kings and the rulers of men enjoy pleasures and delights, but without the Name of the Lord, death seizes and dispatches them all.	ਹੇ ਭਾਈ! ਦੁਨੀਆ ਦੇ ਰਾਜੇ ਮਹਾਰਾਜੇ (ਮਾਇਆ ਦੇ) ਰੰਗ ਰਸ ਮਾਣਦੇ ਰਹਿੰਦੇ ਹਨ, ਨਾਮ ਤੋਂ ਸੱਖਣੇ ਰਹਿੰਦੇ ਹਨ, ਉਹਨਾਂ ਸਭਨਾਂ ਨੂੰ ਆਤਮਕ ਮੌਤ ਫੜ ਕੇ ਅੱਗੇ ਲਾ ਲੈਂਦੀ ਹੈ।
31428	731	ਧਰਮਰਾਇ ਸਿਰਿ ਡੰਡੁ ਲਗਾਨਾ ਫਿਰਿ ਪਛੁਤਾਨੇ ਹਥ ਫਲਘਾ॥੨॥	ਫਲ-ਘਾ	Dhharam Raae Sir Ddandd Lagaanaa Fir Pashhuthaanae Hathh Falaghaa ||2||	The Righteous Judge of Dharma strikes them over the heads with his staff, and when the fruits of their actions come into their hands, then they regret and repent. ||2||	ਜਦੋਂ ਉਹਨਾਂ ਨੂੰ ਕੀਤੇ ਕਰਮਾਂ ਦਾ ਫਲ ਮਿਲਦਾ ਹੈ, ਜਦੋਂ ਉਹਨਾਂ ਦੇ ਸਿਰ ਉਤੇ ਪਰਮਾਤਮਾ ਦਾ ਡੰਡਾ ਵੱਜਦਾ ਹੈ, ਤਦੋਂ ਪਛਤਾਂਦੇ ਹਨ ॥੨॥

31429	731	ਹਰਿ ਰਾਖੁ ਰਾਖੁ ਜਨ ਕਿਰਮ ਤੁਮ੍ਹਾਰੇ ਸਰਣਾਗਤਿ ਪੁਰਖ ਪ੍ਰਤਿਪਲਘਾ॥	ਪ੍ਰਤਿ-ਪਲਘਾ ਪ੍ਰਤਪਾਲਕ। ਸਰ-ਣਾਗਤਿ	Har Raakh Raakh Jan Kiram Thumaarae Saranaagath Purakh Prathipalaghaa ||	Save me, save me, Lord; I am Your humble servant, a mere worm. I seek the Protection of Your Sanctuary, O Primal Lord, Cherisher and Nourisher.	ਹੇ ਹਰੀ! ਹੇ ਪਾਲਣਹਾਰ ਸਰਬ-ਵਿਆਪਕ! ਅਸੀਂ ਤੇਰੇ (ਪੈਦਾ ਕੀਤੇ) ਨਿਮਾਣੇ ਜੀਵ ਹਾਂ, ਅਸੀਂ ਤੇਰੀ ਸਰਨ ਆਏ ਹਾਂ, ਤੂੰ ਆਪ (ਆਪਣੇ) ਸੇਵਕਾਂ ਦੀ ਰੱਖਿਆ ਕਰ।
31430	731	ਦਰਸਨੁ ਸੰਤ ਦੇਹੁ ਸੁਖੁ ਪਾਵੈ ਪ੍ਰਭ ਲੋਚ ਪੂਰਿ ਜਨੁ ਤੁਮਘਾ॥੩॥	ਤੁਮ-ਘਾ	Dharasan Santh Dhaehu Sukh Paavai Prabh Loch Poor Jan Thumaghaa ||3||	Please bless me with the Blessed Vision of the Saint's Darshan,that I may find peace. O God,please fulfill the desires of Your humble servant. ||3||	ਹੇ ਪ੍ਰਭੂ! ਮੈਂ ਤੇਰਾ ਦਾਸ ਹਾਂ, ਦਾਸ ਦੀ ਤਾਂਘ ਪੂਰੀ ਕਰ, ਇਸ ਦਾਸ ਨੂੰ ਸੰਤ ਜਨਾਂ ਦਾ ਦਰਸਨ ਬਖ਼ਸ਼ (ਤਾ ਕਿ ਇਹ ਦਾਸ) ਆਤਮਕ ਆਨੰਦ ਪ੍ਰਾਪਤ ਕਰ ਸਕੇ ॥੩॥
31431	731	ਤੁਮ ਸਮਰਥ ਪੁਰਖ ਵਡੇ ਪ੍ਰਭ ਸੁਆਮੀ ਮੋਕਉ ਦੀਜੈ ਦਾਨੁ ਹਰਿ ਨਿਮਘਾ॥	ਨਿਮ-ਘਾ ਨਿਮਖ। ਸਮਰੱਥ	Thum Samarathh Purakh Vaddae Prabh Suaamee Mo Ko Keejai Dhaan Har Nimaghaa ||	You are the All-powerful, Great, Primal God, my Lord and Master. O Lord, please bless me with the gift of humility.	ਹੇ ਪ੍ਰਭੂ! ਹੇ ਸਭ ਤੋਂ ਵੱਡੇ ਮਾਲਕ! ਤੂੰ ਸਾਰੀਆਂ ਤਾਕਤਾਂ ਦਾ ਮਾਲਕ ਪੁਰਖ ਹੈਂ। ਮੈਨੂੰ ਇਕ ਛਿਨ ਵਾਸਤੇ ਹੀ ਆਪਣੇ ਨਾਮ ਦਾ ਦਾਨ ਦੇਹ।

31432	731	ਜਨ ਨਾਨਕ ਨਾਮੁ ਮਿਲੈ ਸੁਖੁ ਪਾਵੈ ਹਮ ਨਾਮ ਵਿਟਹੁ ਸਦ ਘੁਮਘਾ॥੪॥੨॥	ਘੁਮ-ਘਾ	Jan Naanak Naam Milai Sukh Paavai Ham Naam Vittahu Sadh Ghumaghaa ||4||2||	Servant Nanak has found the Naam, the Name of the Lord, and is at peace; I am forever a sacrifice to the Naam. ||4||2||	ਹੇ ਦਾਸ ਨਾਨਕ! (ਆਖ-) ਜਿਸ ਨੂੰ ਪ੍ਰਭੂ ਦਾ ਨਾਮ ਪ੍ਰਾਪਤ ਹੁੰਦਾ ਹੈ, ਉਹ ਆਨੰਦ ਮਾਣਦਾ ਹੈ। ਮੈਂ ਸਦਾ ਹਰਿ-ਨਾਮ ਤੋਂ ਸਦਕੇ ਹਾਂ ॥੪॥੨॥
31433	731	ਸੂਹੀ ਮਹਲਾ ੪॥		Soohee Mehalaa 4 ||	Soohee, Fourth Mehl:	
31434	731	ਹਰਿ ਨਾਮਾ ਹਰਿ ਰੰਙੁ ਹੈ ਹਰਿ ਰੰਙੁ ਮਜੀਠੈ ਰੰਙੁ॥		Har Naamaa Har Rann(g) Hai Har Rann(g) Majeethai Rann(g) ||	The Lord's Name is the Love of the Lord. The Lord's Love is the permanent color.	ਹੇ ਭਾਈ! ਹਰਿ-ਨਾਮ ਦਾ ਸਿਮਰਨ (ਮਨੁੱਖ ਦੇ ਮਨ ਵਿਚ) ਹਰੀ ਦਾ ਪਿਆਰ ਪੈਦਾ ਕਰਦਾ ਹੈ, ਤੇ, ਇਹ ਹਰੀ-ਨਾਲ-ਪਿਆਰ ਮਜੀਠ ਦੇ ਰੰਗ ਵਰਗਾ ਪੱਕਾ ਪਿਆਰ ਹੁੰਦਾ ਹੈ।
31435	731	ਗੁਰਿ ਤੁਠੈ ਹਰਿ ਰੰਗੁ ਚਾੜਿਆ ਫਿਰਿ ਬਹੁੜਿ ਨ ਹੋਵੀ ਭੰਙੁ॥੧॥	ਤੁੱਠੈ। ਚਾੜ੍ਹਿਆ	Gur Thuthai Har Rang Chaarriaa Fir Bahurr N Hovee Bhann(g) ||1||	When the Guru is totally satisfied and pleased, He colors us with the Lord's Love; this color shall never fade away. ||1||	ਜੇ (ਕਿਸੇ ਮਨੁੱਖ ਉਤੇ) ਗੁਰੂ ਤੁੱਠ ਕੇ ਉਸ ਨੂੰ ਹਰਿ-ਨਾਮ ਦਾ ਰੰਗ ਚਾੜ੍ਹ ਦੇਵੇ ਤਾਂ ਮੁੜ ਉਸ ਰੰਗ (ਪਿਆਰ) ਦਾ ਕਦੇ ਨਾਸ ਨਹੀਂ ਹੁੰਦਾ ॥੧॥
31436	732	ਮੇਰੇ ਮਨ ਹਰਿ ਰਾਮ ਨਾਮਿ ਕਰਿ ਰੰਙੁ॥		Maerae Man Har Raam Naam Kar Rann(g) ||	O my mind, enshrine love for the Name of the Lord.	ਹੇ ਮੇਰੇ ਮਨ! ਪਰਮਾਤਮਾ ਦੇ ਨਾਮ ਵਿਚ ਪਿਆਰ ਜੋੜ।

31437	732	ਗੁਰਿ ਤੁਠੈ ਹਰਿ ਉਪਦੇਸਿਆ ਹਰਿ ਭੇਟਿਆ ਰਾਉ ਨਿਸੰਙੁ॥੧॥ਰਹਾਉ॥		Gur Thuthai Har Oupadhaesiaa Har Bhaettiaa Raao Nisann(g) ||1|| Rehaao ||	The Guru, satisfied and pleased, taught me about the Lord, and my Sovereign Lord King met with me at once. ||1||Pause||	ਜੇ (ਕਿਸੇ ਮਨੁੱਖ ਉਤੇ) ਗੁਰੂ ਮੇਹਰਬਾਨ ਹੋ ਕੇ, ਉਸ ਨੂੰ ਹਰਿ-ਨਾਮ ਸਿਮਰਨ ਦਾ ਉਪਦੇਸ਼ ਦੇਵੇ, ਤਾਂ ਉਸ ਮਨੁੱਖ ਨੂੰ ਪ੍ਰਭੂ-ਪਾਤਿਸ਼ਾਹ ਜ਼ਰੂਰ ਮਿਲ ਪੈਂਦਾ ਹੈ ॥੧॥ ਰਹਾਉ ॥
31438	732	ਮੁੰਧ ਇਆਣੀ ਮਨਮੁਖੀ ਫਿਰਿ ਆਵਣ ਜਾਣਾ ਅੰਙੁ॥		Mundhh Eiaanee Manamukhee Fir Aavan Jaanaa Ann(g) ||	The self-willed manmukh is like the ignorant bride, who comes and goes again and again in reincarnation.	ਹੇ ਭਾਈ! ਜੇਹੜੀ ਅੰਞਾਣ ਜੀਵ-ਇਸਤ੍ਰੀ (ਗੁਰੂ ਦਾ ਆਸਰਾ ਛੱਡ ਕੇ) ਆਪਣੇ ਹੀ ਮਨ ਦੇ ਪਿੱਛੇ ਤੁਰਦੀ ਹੈ, ਉਸ ਦਾ ਜਨਮ ਮਰਨ ਦੇ ਗੇੜ ਨਾਲ ਸਾਥ ਬਣਿਆ ਰਹਿੰਦਾ ਹੈ।
31439	732	ਹਰਿ ਪ੍ਰਭੁ ਚਿਤਿ ਨ ਆਇਓ ਮਨਿ ਦੂਜਾ ਭਾਉ ਸਹਲੰਙੁ॥੨॥	ਸਹ ਸਾਥ ਲੰਙੁ ਲੱਗਾ। ਦੂਜਾ ਦਵੈਤ। ਭਾਉਭਾਵ। ਸਹ-ਲੰਙੁ	Har Prabh Chith N Aaeiou Man Dhoojaa Bhaao Sehalann(g) ||2||	The Lord God does not come into her consciousness, and her mind is stuck in the love of duality. ||2||	ਉਸ (ਜੀਵ-ਇਸਤ੍ਰੀ) ਦੇ ਚਿੱਤ ਵਿਚ ਹਰੀ-ਪ੍ਰਭੂ ਨਹੀਂ ਵੱਸਦਾ, ਉਸ ਦੇ ਮਨ ਵਿਚ ਮਾਇਆ ਦਾ ਮੋਹ ਹੀ ਸਾਥੀ ਬਣਿਆ ਰਹਿੰਦਾ ਹੈ ॥੨॥
31440	732	ਹਮ ਮੈਲੁ ਭਰੇ ਦੁਹਚਾਰੀਆ ਹਰਿ ਰਾਖਹੁ ਅੰਗੀ ਅੰਙੁ॥		Ham Mail Bharae Dhuhachaareeaa Har Raakhahu Angee Ann(g) ||	I am full of filth, and I practice evil deeds; O Lord, save me, be with me, merge me into Your Being!	ਹੇ ਹਰੀ! ਅਸੀਂ ਜੀਵ (ਵਿਕਾਰਾਂ ਦੀ) ਮੈਲ ਨਾਲ ਭਰੇ ਰਹਿੰਦੇ ਹਾਂ, ਅਸੀਂ ਮੰਦ-ਕਰਮੀ ਹਾਂ। ਹੇ ਅੰਗ ਪਾਲਣ ਵਾਲੇ ਪ੍ਰਭੂ! ਸਾਡੀ ਰੱਖਿਆ ਕਰ, ਸਾਡੀ ਸਹਾਇਤਾ ਕਰ।

31441	732	ਗੁਰਿ ਅੰਮ੍ਰਿਤ ਸਰਿ ਨਵਲਾਇਆ ਸਭਿ ਲਾਥੇ ਕਿਲਵਿਖ ਪੰਙੁ॥੩॥		Gur Anmrith Sar Navalaaeiaa Sabh Laathhae Kilavikh Pann(g) ||3||	The Guru has bathed me in the pool of Ambrosial Nectar, and all my dirty sins and mistakes have been washed away. ||3||	ਹੇ ਭਾਈ! ਗੁਰੂ ਨੇ (ਜਿਸ ਮਨੁੱਖ ਨੂੰ) ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੇ ਸਰੋਵਰ ਵਿਚ ਇਸ਼ਨਾਨ ਕਰਾ ਦਿੱਤਾ, (ਉਸ ਦੇ ਅੰਦਰੋਂ) ਸਾਰੇ ਪਾਪ ਲਹਿ ਜਾਂਦੇ ਹਨ, ਪਾਪਾਂ ਦਾ ਚਿੱਕੜ ਧੁਪ ਜਾਂਦਾ ਹੈ ॥੩॥
31442	732	ਹਰਿ ਦੀਨਾ ਦੀਨ ਦਇਆਲ ਪ੍ਰਭੁ ਸਤਸੰਗਤਿ ਮੇਲਹੁ ਸੰਙੁ॥		Har Dheenaa Dheen Dhaeiaal Prabh Sathasangath Maelahu Sann(g) ||	O Lord God, Merciful to the meek and the poor, please unite me with the Sat Sangat, the True Congregation.	ਹੇ ਅੱਤ ਕੰਗਾਲਾਂ ਉਤੇ ਦਇਆ ਕਰਨ ਵਾਲੇ ਹਰੀ-ਪ੍ਰਭੂ! ਮੈਨੂੰ ਸਾਧ ਸੰਗਤਿ ਦਾ ਸਾਥ ਮਿਲਾ।
31443	732	ਮਿਲਿ ਸੰਗਤਿ ਹਰਿ ਰੰਗੁ ਪਾਇਆ ਜਨ ਨਾਨਕ ਮਨਿ ਤਨਿ ਰੰਙੁ॥੪॥੩॥		Mil Sangath Har Rang Paaeiaa Jan Naanak Man Than Rann(g) ||4||3||	Joining the Sangat, servant Nanak has obtained the Lord's Love; my mind and body are drenched in it. ||4||3||	ਹੇ ਦਾਸ ਨਾਨਕ! (ਆਖ-) ਜਿਸ ਮਨੁੱਖ ਨੇ ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੇ ਨਾਮ ਦਾ ਪ੍ਰੇਮ ਪ੍ਰਾਪਤ ਕਰ ਲਿਆ, ਉਸ ਦੇ ਮਨ ਵਿਚ ਉਸ ਦੇ ਹਿਰਦੇ ਵਿਚ ਉਹ ਪ੍ਰੇਮ (ਸਦਾ ਟਿਕਿਆ ਰਹਿੰਦਾ ਹੈ) ॥੪॥੩॥
31444	732	ਸੂਹੀ ਮਹਲਾ ੪॥		Soohee Mehalaa 4 ||	Soohee, Fourth Mehl:	

31445	732	ਹਰਿ ਹਰਿ ਕਰਹਿ ਨਿਤ ਕਪਟੁ ਕਮਾਵਹਿ ਹਿਰਦਾ ਸੁਧੁ ਨ ਹੋਈ॥		Har Har Karehi Nith Kapatt Kamaavehi Hiradhaa Sudhh N Hoee ||	One who chants the Name of the Lord, Har, Har, while constantly practicing deception, shall never become pure of heart.	ਹੇ ਭਾਈ! (ਜੇਹੜੇ ਮਨੁੱਖ ਗੁਰੂ ਦੀ ਸਰਨ ਨਹੀਂ ਆਉਂਦੇ ਉਂਞ) ਜ਼ਬਾਨੀ ਰਾਮ ਰਾਮ ਉਚਾਰਦੇ ਹਨ, ਸਦਾ ਧੋਖਾ-ਫਰੇਬ (ਭੀ) ਕਰਦੇ ਰਹਿੰਦੇ ਹਨ, ਉਹਨਾਂ ਦਾ ਦਿਲ ਪਵਿਤ੍ਰ ਨਹੀਂ ਹੋ ਸਕਦਾ।
31446	732	ਅਨ ਦਿਨੁ ਕਰਮ ਕਰਹਿ ਬਹੁਤੇਰੇ ਸੁਪਨੈ ਸੁਖੁ ਨ ਹੋਈ॥੧॥		Anadhin Karam Karehi Bahuthaerae Supanai Sukh N Hoee ||1||	He may perform all sorts of rituals, night and day, but he shall not find peace, even in dreams. ||1||	ਉਹ ਮਨੁੱਖ (ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ) ਅਨੇਕਾਂ ਧਾਰਮਿਕ ਕਰਮ ਹਰ ਵੇਲੇ ਕਰਦੇ ਰਹਿੰਦੇ ਹਨ, ਪਰ ਉਹਨਾਂ ਨੂੰ ਕਦੇ ਸੁਪਨੇ ਵਿਚ ਭੀ ਆਤਮਕ ਆਨੰਦ ਨਹੀਂ ਮਿਲਦਾ ॥੧॥
31447	732	ਗਿਆਨੀ ਗੁਰ ਬਿਨੁ ਭਗਤਿ ਨ ਹੋਈ॥		Giaanee Gur Bin Bhagath N Hoee ||	O wise ones, without the Guru, there is no devotional worship.	ਹੇ ਗਿਆਨਵਾਨ! ਗੁਰੂ ਦੀ ਸਰਨ ਪੈਣ ਤੋਂ ਬਿਨਾ ਭਗਤੀ ਨਹੀਂ ਹੋ ਸਕਦੀ।
31448	732	ਕੋਰੈ ਰੰਗੁ ਕਦੇ ਨ ਚੜੈ ਜੇ ਲੋਚੈ ਸਭੁ ਕੋਈ॥੧॥ਰਹਾਉ॥	ਚੜ੍ਹੈ	Korai Rang Kadhae N Charrai Jae Lochai Sabh Koee ||1|| Rehaao ||	The untreated cloth does not take up the dye, no matter how much everyone may wish it. ||1||Pause||	(ਮਨ ਉਤੇ ਪ੍ਰਭੂ ਦੀ ਭਗਤੀ ਦਾ ਰੰਗ ਨਹੀਂ ਚੜ੍ਹ ਸਕਦਾ, ਜਿਵੇਂ) ਭਾਵੇਂ ਹਰੇਕ ਮਨੁੱਖ ਪਿਆ ਤਰਲੇ ਲਏ, ਕਦੇ ਕੋਰੇ ਕੱਪੜੇ ਉੱਤੇ ਰੰਗ ਨਹੀਂ ਚੜ੍ਹਦਾ ॥੧॥ ਰਹਾਉ ॥

31449	732	ਜਪੁ ਤਪ ਸੰਜਮ ਵਰਤ ਕਰੇ ਪੂਜਾ ਮਨਮੁਖ ਰੋਗੁ ਨ ਜਾਈ॥		Jap Thap Sanjam Varath Karae Poojaa Manamukh Rog N Jaaee ||	The self-willed manmukh may perform chants, meditations, austere self-discipline, fasts and devotional worship, but his sickness does not go away.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮੰਤ੍ਰਾਂ ਦਾ) ਜਾਪ (ਧੂਣੀਆਂ ਦਾ) ਤਪਾਣਾ (ਆਦਿਕ) ਕਸ਼ਟ ਦੇਣ ਵਾਲੇ ਸਾਧਨ ਕਰਦਾ ਹੈ, ਵਰਤ ਰੱਖਦਾ ਹੈ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਉਸ ਮਨੁੱਖ ਦਾ (ਆਤਮਕ) ਰੋਗ ਦੂਰ ਨਹੀਂ ਹੁੰਦਾ।
31450	732	ਅੰਤਰਿ ਰੋਗੁ ਮਹਾ ਅਭਿਮਾਨਾ ਦੂਜੈ ਭਾਇ ਖੁਆਈ॥੨॥		Anthar Rog Mehaa Abhimaanaa Dhoojai Bhaae Khuaaee ||2||	Deep within him is the sickness of excessive egotism; in the love of duality he is ruined. ||2||	ਉਸ ਦੇ ਮਨ ਵਿਚ ਅਹੰਕਾਰ ਦਾ ਵੱਡਾ ਰੋਗ ਟਿਕਿਆ ਰਹਿੰਦਾ ਹੈ। ਉਹ ਮਾਇਆ ਦੇ ਮੋਹ ਵਿਚ ਫਸ ਕੇ ਕੁਰਾਹੇ ਪਿਆ ਰਹਿੰਦਾ ਹੈ ॥੨॥
31451	732	ਬਾਹਰਿ ਭੇਖ ਬਹੁਤੁ ਚਤੁਰਾਈ ਮਨੂਆ ਦਹ ਦਿਸਿ ਧਾਵੈ॥		Baahar Bhaekh Bahuth Chathuraaee Manooaa Dheh Dhis Dhhaavai ||	Outwardly, he wears religious robes and he is very clever, but his mind wanders in the ten directions.	ਹੇ ਭਾਈ! (ਗੁਰੂ ਤੋਂ ਖੁੰਝਿਆ ਹੋਇਆ ਮਨੁੱਖ) ਲੋਕਾਂ ਨੂੰ ਵਿਖਾਣ ਵਾਸਤੇ ਧਾਰਮਿਕ ਭੇਖ ਬਣਾਂਦਾ ਹੈ, ਬਥੇਰੀ ਚੁਸਤੀ-ਚਾਲਾਕੀ ਵਿਖਾਂਦਾ ਹੈ, ਪਰ ਉਸ ਦਾ ਕੋਝਾ ਮਨ ਦਸੀਂ ਪਾਸੀਂ ਦੌੜਿਆ ਫਿਰਦਾ ਹੈ।
31452	732	ਹਉਮੈ ਬਿਆਪਿਆ ਸਬਦੁ ਨ ਚੀਨ੍ਹੈ ਫਿਰਿ ਫਿਰਿ ਜੂਨੀ ਆਵੈ॥੩॥		Houmai Biaapiaa Sabadh N Cheenhai Fir Fir Joonee Aavai ||3||	Engrossed in ego, he does not remember the Word of the Shabad; over and over again, he is reincarnated. ||3||	ਹਉਮੈ-ਅਹੰਕਾਰ ਵਿਚ ਫਸਿਆ ਹੋਇਆ ਉਹ ਮਨੁੱਖ ਗੁਰੂ ਦੇ ਸ਼ਬਦ ਨਾਲ ਸਾਂਝ ਨਹੀਂ ਪਾਂਦਾ, ਉਹ ਮੁੜ ਮੁੜ ਜੂਨਾਂ ਦੇ ਗੇੜ ਵਿਚ ਪਿਆ ਰਹਿੰਦਾ ਹੈ ॥੩॥

31453	732	ਨਾਨਕ ਨਦਰਿ ਕਰੇ ਸੋ ਬੂਝੈ ਸੋ ਜਨੁ ਨਾਮੁ ਧਿਆਏ॥		Naanak Nadhar Karae So Boojhai So Jan Naam Dhhiaaeae ||	O Nanak, that mortal who is blessed with the Lord's Glance of Grace, understands Him; that humble servant meditates on the Naam, the Name of the Lord.	ਹੇ ਨਾਨਕ! (ਆਖ-ਹੇ ਭਾਈ!) ਜਿਸ ਮਨੁੱਖ ਉਤੇ ਪਰਮਾਤਮਾ ਮੇਹਰ ਦੀ ਨਿਗਾਹ ਕਰਦਾ ਹੈ, ਉਹ (ਆਤਮਕ ਜੀਵਨ ਦੇ ਰਸਤੇ ਨੂੰ) ਸਮਝ ਲੈਂਦਾ ਹੈ, ਉਹ ਮਨੁੱਖ (ਸਦਾ) ਪਰਮਾਤਮਾ ਦਾ ਨਾਮ ਸਿਮਰਦਾ ਹੈ,
31454	732	ਗੁਰ ਪਰਸਾਦੀ ਏਕੋ ਬੂਝੈ ਏਕਸੁ ਮਾਹਿ ਸਮਾਏ॥੪॥੪॥	ਬੂੱਝੈ	Gur Parasaadhee Eaeko Boojhai Eaekas Maahi Samaaeae ||4||4||	By Guru's Grace, he understands the One Lord, and is absorbed into the One Lord. ||4||4||	ਗੁਰੂ ਦੀ ਕਿਰਪਾ ਨਾਲ ਉਹ ਇਕ ਪਰਮਾਤਮਾ ਨਾਲ ਹੀ ਸਾਂਝ ਬਣਾਈ ਰੱਖਦਾ ਹੈ, ਉਹ ਇਕ ਪਰਮਾਤਮਾ ਵਿਚ ਹੀ ਲੀਨ ਰਹਿੰਦਾ ਹੈ ॥੪॥੪॥
31455	732	ਸੂਹੀ ਮਹਲਾ ੪ ਘਰੁ ੨		Soohee Mehalaa 4 Ghar 2	Soohee, Fourth Mehl, Second House:	ਰਾਗ ਸੂਹੀ, ਘਰ ੨ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
31456	732	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31457	732	ਗੁਰਮਤਿ ਨਗਰੀ ਖੋਜਿ ਖੋਜਾਈ॥	ਨੱਗਰੀ	Guramath Nagaree Khoj Khojaaee ||	Following the Guru's Teachings, I searched and searched the body-village;	ਹੇ ਭਾਈ! ਗੁਰੂ ਦੀ ਮਤਿ ਲੈ ਕੇ ਮੈਂ ਆਪਣੇ ਸਰੀਰ-ਨਗਰ ਦੀ ਚੰਗੀ ਤਰ੍ਹਾਂ ਖੋਜ ਕੀਤੀ ਹੈ,
31458	732	ਹਰਿ ਹਰਿ ਨਾਮੁ ਪਦਾਰਥੁ ਪਾਈ॥੧॥		Har Har Naam Padhaarathh Paaee ||1||	I found the wealth of the Name of the Lord, Har, Har. ||1||	ਅਤੇ, (ਸਰੀਰ ਦੇ ਵਿਚੋਂ ਹੀ) ਪਰਮਾਤਮਾ ਦਾ ਕੀਮਤੀ ਨਾਮ ਮੈਂ ਲੱਭ ਲਿਆ ਹੈ ॥੧॥

31459	732	ਮੇਰੈ ਮਨਿ ਹਰਿ ਹਰਿ ਸਾਂਤਿ ਵਸਾਈ॥		Maerai Man Har Har Saanth Vasaaee ||	The Lord, Har, Har, has enshrined peace within my mind.	ਹੇ ਭਾਈ! (ਗੁਰੂ ਨੇ ਮੈਨੂੰ ਹਰਿ-ਨਾਮ ਦੀ ਦਾਤ ਦੇ ਕੇ) ਮੇਰੇ ਮਨ ਵਿਚ ਠੰਢ ਪਾ ਦਿੱਤੀ ਹੈ।
31460	732	ਤਿਸਨਾ ਅਗਨਿ ਬੁਝੀ ਖਿਨ ਅੰਤਰਿ ਗੁਰਿ ਮਿਲਿਐ ਸਭ ਭੁਖ ਗਵਾਈ॥੧॥ਰਹਾਉ॥	ਬੁਝੀ:ਪੋਲਾ ਬੋਲੋ	Thisanaa Agan Bujhee Khin Anthar Gur Miliai Sabh Bhukh Gavaaee ||1|| Rehaao ||	The fire of desire was extinguished in an instant, when I met the Guru; all my hunger has been satisfied. ||1||Pause||	(ਮੇਰੇ ਅੰਦਰੋਂ) ਇਕ ਛਿਨ ਵਿਚ (ਮਾਇਆ ਦੀ) ਤ੍ਰਿਸ਼ਨਾ ਦੀ ਅੱਗ ਬੁੱਝ ਗਈ ਹੈ। ਗੁਰੂ ਦੇ ਮਿਲਣ ਨਾਲ ਮੇਰੀ ਸਾਰੀ (ਮਾਇਆ ਦੀ) ਭੁੱਖ ਦੂਰ ਹੋ ਗਈ ਹੈ ॥੧॥ ਰਹਾਉ ॥
31461	732	ਹਰਿ ਗੁਣ ਗਾਵਾ ਜੀਵਾ ਮੇਰੀ ਮਾਈ॥		Har Gun Gaavaa Jeevaa Maeree Maaee ||	Singing the Glorious Praises of the Lord, I live, O my mother.	ਹੇ ਮੇਰੀ ਮਾਂ! (ਹੁਣ ਜਿਉਂ ਜਿਉਂ) ਮੈਂ ਪਰਮਾਤਮਾ ਦੇ ਗੁਣ ਗਾਂਦਾ ਹਾਂ, ਮੈਨੂੰ ਆਤਮਕ ਜੀਵਨ ਮਿਲ ਰਿਹਾ ਹੈ।
31462	732	ਸਤਿਗੁਰਿ ਦਇਆਲਿ ਗੁਣ ਨਾਮੁ ਦ੍ਰਿੜਾਈ॥੨॥		Sathigur Dhaeiaal Gun Naam Dhrirraaee ||2||	The Merciful True Guru implanted the Glorious Praises of the Naam within me. ||2||	ਦਇਆ ਦੇ ਘਰ ਸਤਿਗੁਰੂ ਨੇ ਮੇਰੇ ਹਿਰਦੇ ਵਿਚ ਪ੍ਰਭੂ ਦੇ ਗੁਣ ਪੱਕੇ ਕਰ ਦਿੱਤੇ ਹਨ, ਪਰਮਾਤਮਾ ਦਾ ਨਾਮ ਪੱਕਾ ਕਰ ਦਿੱਤਾ ਹੈ ॥੨॥
31463	732	ਹਉ ਹਰਿ ਪ੍ਰਭੁ ਪਿਆਰਾ ਢੂਢਿ ਢੂਢਾਈ॥		Ho Har Prabh Piaaraa Dtoodt Dtoodtaaee ||	I search for and seek out my Beloved Lord God, Har, Har.	ਹੇ ਭਾਈ! ਹੁਣ ਮੈਂ ਪਿਆਰੇ ਹਰਿ-ਪ੍ਰਭੂ ਦੀ ਭਾਲ ਕਰਦਾ ਹਾਂ, (ਸਤਸੰਗੀਆਂ ਪਾਸੋਂ) ਭਾਲ ਕਰਾਂਦਾ ਹਾਂ।

31464	732	ਸਤਸੰਗਤਿ ਮਿਲਿ ਹਰਿ ਰਸੁ ਪਾਈ॥੩॥		Sathasangath Mil Har Ras Paaee ||3||	Joining the Sat Sangat, the True Congregation, I have obtained the subtle essence of the Lord. ||3||	ਸਾਧ ਸੰਗਤਿ ਵਿਚ ਮਿਲ ਕੇ ਮੈਂ ਪਰਮਾਤਮਾ ਦੇ ਨਾਮ ਦਾ ਸੁਆਦ ਮਾਣਦਾ ਹਾਂ ॥੩॥
31465	732	ਧੁਰਿ ਮਸਤਕਿ ਲੇਖ ਲਿਖੇ ਹਰਿ ਪਾਈ॥		Dhhur Masathak Laekh Likhae Har Paaee ||	By the pre-ordained destiny inscribed upon my forehead, I have found the Lord.	ਹੇ ਭਾਈ! ਧੁਰ ਦਰਗਾਹ ਤੋਂ (ਜਿਸ ਮਨੁੱਖ ਦੇ) ਮੱਥੇ ਉੱਤੇ ਪ੍ਰਭੂ-ਮਿਲਾਪ ਦਾ ਲਿਖਿਆ ਲੇਖ ਉੱਘੜਦਾ ਹੈ,
31466	732	ਗੁਰੁ ਨਾਨਕੁ ਤੁਠਾ ਮੇਲੈ ਹਰਿ ਭਾਈ॥੪॥੧॥੫॥		Gur Naanak Thuthaa Maelai Har Bhaaee ||4||1||5||	Guru Nanak, pleased and satisfied, has united me with the Lord, O Siblings of Destiny. ||4||1||5||	ਉਸ ਉਤੇ ਗੁਰੂ ਨਾਨਕ ਪ੍ਰਸੰਨ ਹੁੰਦਾ ਹੈ ਅਤੇ, ਉਸ ਨੂੰ ਪਰਮਾਤਮਾ ਮਿਲਾ ਦੇਂਦਾ ਹੈ ॥੪॥੧॥੫॥
31467	732	ਸੂਹੀ ਮਹਲਾ ੪॥		Soohee Mehalaa 4 ||	Soohee, Fourth Mehl:	
31468	732	ਹਰਿ ਕ੍ਰਿਪਾ ਕਰੇ ਮਨਿ ਹਰਿ ਰੰਗੁ ਲਾਏ॥		Har Kirapaa Karae Man Har Rang Laaeae ||	Showering His Mercy, the Lord imbues the mind with His Love.	ਹੇ ਭਾਈ! ਪਰਮਾਤਮਾ ਜਿਸ ਮਨੁੱਖ ਉਤੇ ਮੇਹਰ ਕਰਦਾ ਹੈ, ਉਸ ਦੇ ਮਨ ਵਿਚ (ਆਪਣੇ ਚਰਨਾਂ ਦਾ) ਪਿਆਰ ਪੈਦਾ ਕਰਦਾ ਹੈ।
31469	732	ਗੁਰਮੁਖਿ ਹਰਿ ਹਰਿ ਨਾਮਿ ਸਮਾਏ॥੧॥		Guramukh Har Har Naam Samaaeae ||1||	The Gurmukh merges in the Name of the Lord, Har, Har. ||1||	ਉਹ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਵਿਚ ਸਦਾ ਲੀਨ ਰਹਿੰਦਾ ਹੈ ॥੧॥

31470	732	ਹਰਿ ਰੰਗਿ ਰਾਤਾ ਮਨੁ ਰੰਗ ਮਾਣੇ॥		Har Rang Raathaa Man Rang Maanae ||	Imbued with the Lord's Love, the mortal enjoys the pleasure of His Love.	ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਉਸ ਦਾ ਮਨ ਆਤਮਕ ਆਨੰਦ ਮਾਣਦਾ ਰਹਿੰਦਾ ਹੈ।
31471	732	ਸਦਾ ਅਨੰਦਿ ਰਹੈ ਦਿਨ ਰਾਤੀ ਪੂਰੇ ਗੁਰ ਕੈ ਸਬਦਿ ਸਮਾਣੇ॥੧॥ਰਹਾਉ॥		Sadhaa Anandh Rehai Dhin Raathee Poorae Gur Kai Sabadh Samaanae ||1|| Rehaao ||	He remains always blissful, day and night, and he merges into the Shabad, the Word of the Perfect Guru. ||1||Pause||	ਉਹ ਮਨੁੱਖ ਦਿਨ ਰਾਤ ਹਰ ਵੇਲੇ ਆਨੰਦ ਵਿਚ ਮਗਨ ਰਹਿੰਦਾ ਹੈ, ਉਹ ਪੂਰੇ ਗੁਰੂ ਦੀ ਬਾਣੀ ਵਿਚ ਲੀਨ ਰਹਿੰਦਾ ਹੈ ॥੧॥ ਰਹਾਉ ॥
31472	732	ਹਰਿ ਰੰਗ ਕਉ ਲੋਚੈ ਸਭੁ ਕੋਈ॥		Har Rang Ko Lochai Sabh Koee ||	Everyone longs for the Lord's Love;	ਹੇ ਭਾਈ! (ਉਂਞ ਤਾਂ) ਹਰੇਕ ਮਨੁੱਖ ਪ੍ਰਭੂ (ਚਰਨਾਂ) ਦੇ ਪਿਆਰ ਦੀ ਖ਼ਾਤਰ ਤਰਲੇ ਲੈਂਦਾ ਹੈ,
31473	732	ਗੁਰਮੁਖਿ ਰੰਗੁ ਚਲੂਲਾ ਹੋਈ॥੨॥		Guramukh Rang Chaloolaa Hoee ||2||	The Gurmukh is imbued with the deep red color of His Love. ||2||	ਪਰ ਗੁਰੂ ਦੀ ਸਰਨ ਪਿਆਂ ਹੀ (ਮਨ ਉਤੇ ਪ੍ਰੇਮ ਦਾ) ਗੂੜ੍ਹਾ ਰੰਗ ਚੜ੍ਹਦਾ ਹੈ ॥੨॥
31474	732	ਮਨਮੁਖਿ ਮੁਗਧੁ ਨਰੁ ਕੋਰਾ ਹੋਇ॥		Manamukh Mugadhh Nar Koraa Hoe ||	The foolish, self-willed manmukh is left pale and uncolored.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮੂਰਖ ਮਨੁੱਖ ਪਿਆਰ ਤੋਂ ਸੱਖਣੇ ਹਿਰਦੇ ਵਾਲਾ ਹੀ ਰਹਿੰਦਾ ਹੈ।
31475	733	ਜੇ ਸਉ ਲੋਚੈ ਰੰਗੁ ਨ ਹੋਵੈ ਕੋਇ॥੩॥		Jae So Lochai Rang N Hovai Koe ||3||	Even if he wishes it a hundred times, he does not obtain the Lord's Love. ||3||	ਅਜੇਹਾ ਮਨੁੱਖ ਜੇ ਸੌ ਵਾਰੀ ਭੀ ਤਾਂਘ ਕਰੇ, ਉਸ ਨੂੰ (ਪ੍ਰਭੂ ਦੇ ਪਿਆਰੇ ਦਾ) ਰੰਗ ਨਹੀਂ ਚੜ੍ਹ ਸਕਦਾ ॥੩॥

31476	733	ਨਦਰਿ ਕਰੇ ਤਾ ਸਤਿਗੁਰੁ ਪਾਵੈ॥		Nadhar Karae Thaa Sathigur Paavai ||	But if the Lord blesses him with His Glance of Grace, then he meets the True Guru.	ਹੇ ਨਾਨਕ! (ਆਖ-ਜਦੋਂ ਪਰਮਾਤਮਾ ਕਿਸੇ ਮਨੁੱਖ ਉੱਤੇ) ਮੇਹਰ ਦੀ ਨਿਗਾਹ ਕਰਦਾ ਹੈ, ਤਾਂ ਉਹ ਗੁਰੂ (ਦਾ ਮਿਲਾਪ) ਪ੍ਰਾਪਤ ਕਰਦਾ ਹੈ,
31477	733	ਨਾਨਕ ਹਰਿ ਰਸਿ ਹਰਿ ਰੰਗਿ ਸਮਾਵੈ॥੪॥੨॥੬॥		Naanak Har Ras Har Rang Samaavai ||4||2||6||	Nanak is absorbed into the subtle essence of the Lord's Love. ||4||2||6||	(ਫਿਰ ਉਹ) ਪਰਮਾਤਮਾ ਦੇ ਨਾਮ-ਰਸ ਵਿਚ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਸਮਾਇਆ ਰਹਿੰਦਾ ਹੈ ॥੪॥੨॥੬॥
31478	733	ਸੂਹੀ ਮਹਲਾ ੪॥		Soohee Mehalaa 4 ||	Soohee, Fourth Mehl:	
31479	733	ਜਿਹਵਾ ਹਰਿ ਰਸਿ ਰਹੀ ਅਘਾਇ॥		Jihavaa Har Ras Rehee Aghaae ||	My tongue remains satisfied with the subtle essence of the Lord.	ਹੇ ਭਾਈ! ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਦੀ ਜੀਭ ਪਰਮਾਤਮਾ ਦੇ ਨਾਮ ਦੇ ਰਸ ਵਿਚ ਰੱਜੀ ਰਹਿੰਦੀ ਹੈ,
31480	733	ਗੁਰਮੁਖਿ ਪੀਵੈ ਸਹਜਿ ਸਮਾਇ॥੧॥		Guramukh Peevai Sehaj Samaae ||1||	The Gurmukh drinks it in, and merges in celestial peace. ||1||	ਉਹ ਸਦਾ ਉਹ ਨਾਮ-ਰਸ ਹੀ ਪੀਂਦਾ ਹੈ, ਅਤੇ, ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ॥੧॥
31481	733	ਹਰਿ ਰਸੁ ਜਨ ਚਾਖਹੁ ਜੇ ਭਾਈ॥		Har Ras Jan Chaakhahu Jae Bhaaee ||	If you taste the subtle essence of the Lord, O humble Siblings of Destiny,	ਹੇ ਪਿਆਰੇ ਸੱਜਣੋ! ਜੇ ਤੁਸੀ ਪਰਮਾਤਮਾ ਦੇ ਨਾਮ ਦਾ ਸੁਆਦ ਚੱਖ ਲਵੋ,

31482	733	ਤਉ ਕਤ ਅਨਤ ਸਾਦਿ ਲੋਭਾਈ॥੧॥ਰਹਾਉ॥		Tho Kath Anath Saadh Lobhaaee ||1|| Rehaao ||	Then how can you be enticed by other flavors? ||1||Pause||	ਤਾਂ ਫਿਰ ਕਿਸੇ ਭੀ ਹੋਰ ਸੁਆਦ ਵਿਚ ਨਹੀਂ ਫਸੋਗੇ ॥੧॥ ਰਹਾਉ ॥
31483	733	ਗੁਰਮਤਿ ਰਸੁ ਰਾਖਹੁ ਉਰ ਧਾਰਿ॥		Guramath Ras Raakhahu Our Dhhaar ||	Under Guru's Instructions, keep this subtle essence enshrined in your heart.	ਹੇ ਭਾਈ! ਗੁਰੂ ਦੀ ਸਿੱਖਿਆ ਉਤੇ ਤੁਰ ਕੇ ਪ੍ਰਭੂ ਦੇ ਨਾਮ ਦਾ ਸੁਆਦ ਆਪਣੇ ਹਿਰਦੇ ਵਿਚ ਵਸਾਈ ਰੱਖੋ।
31484	733	ਹਰਿ ਰਸਿ ਰਾਤੇ ਰੰਗਿ ਮੁਰਾਰਿ॥੨॥		Har Ras Raathae Rang Muraar ||2||	Those who are imbued with the subtle essence of the Lord, are immersed in celestial bliss. ||2||	ਜੇਹੜੇ ਮਨੁੱਖ ਪ੍ਰਭੂ ਦੇ ਨਾਮ-ਰਸ ਵਿਚ ਮਗਨ ਹੋ ਜਾਂਦੇ ਹਨ, ਉਹ ਮੁਰਾਰੀ-ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ ॥੨॥
31485	733	ਮਨਮੁਖਿ ਹਰਿ ਰਸੁ ਚਾਖਿਆ ਨ ਜਾਇ॥		Manamukh Har Ras Chaakhiaa N Jaae ||	The self-willed manmukh cannot even taste the subtle essence of the Lord.	ਪਰ, ਹੇ ਭਾਈ! ਜੇਹੜਾ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ, ਉਹ ਪਰਮਾਤਮਾ ਦੇ ਨਾਮ ਦਾ ਸੁਆਦ ਨਹੀਂ ਚੱਖ ਸਕਦਾ,
31486	733	ਹਉਮੈ ਕਰੈ ਬਹੁਤੀ ਮਿਲੈ ਸਜਾਇ॥੩॥		Houmai Karai Bahuthee Milai Sajaae ||3||	He acts out in ego, and suffers terrible punishment. ||3||	(ਉਹ ਜਿਉਂ ਜਿਉਂ ਆਪਣੀ ਸਿਆਣਪ ਦਾ) ਅਹੰਕਾਰ ਕਰਦਾ ਹੈ (ਤਿਉਂ ਤਿਉਂ) ਉਸ ਨੂੰ ਵਧੀਕ ਵਧੀਕ ਸਜ਼ਾ ਮਿਲਦੀ ਹੈ (ਆਤਮਕ ਕਲੇਸ਼ ਸਹਾਰਨਾ ਪੈਂਦਾ ਹੈ) ॥੩॥

31487	733	ਨਦਰਿ ਕਰੇ ਤਾ ਹਰਿ ਰਸੁ ਪਾਵੈ॥		Nadhar Karae Thaa Har Ras Paavai ||	But if he is blessed with the Lord's Kind Mercy, then he obtains the subtle essence of the Lord.	(ਹੇ ਭਾਈ!) ਜਦੋਂ ਪਰਮਾਤਮਾ (ਕਿਸੇ ਮਨੁੱਖ ਉਤੇ) ਮੇਹਰ ਦੀ ਨਿਗਾਹ ਕਰਦਾ ਹੈ ਤਦੋਂ ਉਹ ਪ੍ਰਭੂ ਦੇ ਨਾਮ ਦਾ ਸੁਆਦ ਹਾਸਲ ਕਰਦਾ ਹੈ,
31488	733	ਨਾਨਕ ਹਰਿ ਰਸਿ ਹਰਿ ਗੁਣ ਗਾਵੈ॥੪॥੩॥੭॥		Naanak Har Ras Har Gun Gaavai ||4||3||7||	O Nanak, absorbed in this subtle essence of the Lord, sing the Glorious Praises of the Lord. ||4||3||7||	ਹੇ ਨਾਨਕ! (ਆਖ-ਫਿਰ) ਉਹ ਹਰਿ-ਨਾਮ ਦੇ ਸੁਆਦ ਵਿਚ ਮਗਨ ਹੋ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ ॥੪॥੩॥੭॥
31489	733	ਸੂਹੀ ਮਹਲਾ ੪ ਘਰੁ ੬		Soohee Mehalaa 4 Ghar 6	Soohee, Fourth Mehl, Sixth House:	ਰਾਗ ਸੂਹੀ, ਘਰ ੬ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
31490	733	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31491	733	ਨੀਚ ਜਾਤਿ ਹਰਿ ਜਪਤਿਆ ਉਤਮ ਪਦਵੀ ਪਾਇ॥		Neech Jaath Har Japathiaa Outham Padhavee Paae ||	When someone of low social class chants the Lord's Name, he obtains the state of highest dignity.	ਹੇ ਭਾਈ! ਨੀਵੀਂ ਜਾਤਿ ਵਾਲਾ ਮਨੁੱਖ ਭੀ ਪਰਮਾਤਮਾ ਦਾ ਨਾਮ ਜਪਣ ਨਾਲ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ।

31492	733	ਪੂਛਹੁ ਬਿਦਰ ਦਾਸੀ ਸੁਤੈ ਕਿਸਨੁ ਉਤਰਿਆ ਘਰਿ ਜਿਸੁ ਜਾਇ॥੧॥	ਸੁੱਤੈ	Pooshhahu Bidhar Dhaasee Suthai Kisan Outhariaa Ghar Jis Jaae ||1||	Go and ask Bidar, the son of a maid; Krishna himself stayed in his house. ||1||	(ਜੇ ਯਕੀਨ ਨਹੀਂ ਆਉਂਦਾ, ਤਾਂ ਕਿਸੇ ਪਾਸੋਂ) ਦਾਸੀ ਦੇ ਪੁੱਤਰ ਬਿਦਰ ਦੀ ਗੱਲ ਪੁੱਛ ਵੇਖੋ। ਉਸ ਬਿਦਰ ਦੇ ਘਰ ਵਿਚ ਕ੍ਰਿਸ਼ਨ ਜੀ ਜਾ ਕੇ ਠਹਿਰੇ ਸਨ ॥੧॥
31493	733	ਹਰਿ ਕੀ ਅਕਥ ਕਥਾ ਸੁਨਹੁ ਜਨ ਭਾਈ ਜਿਤੁ ਸਹਸਾ ਦੂਖ ਭੂਖ ਸਭ ਲਹਿ ਜਾਇ॥੧॥ਰਹਾਉ॥	ਅ-ਕਥ:ਪੋਲਾ ਬੋਲੋ	Har Kee Akathh Kathhaa Sunahu Jan Bhaaee Jith Sehasaa Dhookh Bhookh Sabh Lehi Jaae ||1|| Rehaao ||	Listen, O humble Siblings of Destiny, to the Unspoken Speech of the Lord; it removes all anxiety, pain and hunger. ||1||Pause||	ਹੇ ਸੱਜਣੋ! ਪਰਮਾਤਮਾ ਦੀ ਅਸਚਰਜ ਸਿਫ਼ਤਿ-ਸਾਲਾਹ ਸੁਣਿਆ ਕਰੋ, ਜਿਸ ਦੀ ਬਰਕਤਿ ਨਾਲ ਹਰੇਕ ਕਿਸਮ ਦਾ ਸਹਿਮ ਹਰੇਕ ਦੁੱਖ ਦੂਰ ਹੋ ਜਾਂਦਾ ਹੈ, (ਮਾਇਆ ਦੀ) ਭੁੱਖ ਮਿਟ ਜਾਂਦੀ ਹੈ ॥੧॥ ਰਹਾਉ ॥
31494	733	ਰਵਿਦਾਸੁ ਚਮਾਰੁ ਉਸਤਤਿ ਕਰੇ ਹਰਿ ਕੀਰਤਿ ਨਿਮਖ ਇਕ ਗਾਇ॥		Ravidhaas Chamaar Ousathath Karae Har Keerath Nimakh Eik Gaae ||	Ravi Daas, the leather-worker, praised the Lord, and sang the Kirtan of His Praises each and every instant.	ਹੇ ਭਾਈ! (ਭਗਤ) ਰਵਿਦਾਸ (ਜਾਤਿ ਦਾ) ਚਮਾਰ (ਸੀ, ਉਹ ਪਰਮਾਤਮਾ ਦੀ) ਸਿਫ਼ਤਿ-ਸਾਲਾਹ ਕਰਦਾ ਸੀ, ਉਹ ਹਰ ਵੇਲੇ ਪ੍ਰਭੂ ਦੀ ਕੀਰਤੀ ਗਾਂਦਾ ਰਹਿੰਦਾ ਸੀ।

31495	733	ਪਤਿਤ ਜਾਤਿ ਉਤਮੁ ਭਇਆ ਚਾਰਿ ਵਰਨ ਪਏ ਪਗਿ ਆਇ॥੨॥	ਪਗਿ:ਪੋਲਾ ਬੋਲੋ	Pathith Jaath Outham Bhaeiaa Chaar Varan Peae Pag Aae ||2||	Although he was of low social status, he was exalted and elevated, and people of all four castes came and bowed at his feet. ||2||	ਨੀਵੀਂ ਜਾਤਿ ਦਾ ਰਵਿਦਾਸ ਮਹਾਂ ਪੁਰਖ ਬਣ ਗਿਆ। ਚੌਹਾਂ ਵਰਨਾਂ ਦੇ ਮਨੁੱਖ ਉਸ ਦੇ ਪੈਰੀਂ ਆ ਕੇ ਲੱਗ ਪਏ ॥੨॥
31496	733	ਨਾਮਦੇਅ ਪ੍ਰੀਤਿ ਲਗੀ ਹਰਿ ਸੇਤੀ ਲੋਕੁ ਛੀਪਾ ਕਹੈ ਬੁਲਾਇ॥		Naamadhaea Preeth Lagee Har Saethee Lok Shheepaa Kehai Bulaae ||	Naam Dayv loved the Lord; the people called him a fabric dyer.	ਹੇ ਭਾਈ! (ਭਗਤ) ਨਾਮਦੇਵ ਦੀ ਪਰਮਾਤਮਾ ਨਾਲ ਪ੍ਰੀਤ ਬਣ ਗਈ। ਜਗਤ ਉਸ ਨੂੰ ਛੀਂਬਾ ਆਖ ਕੇ ਸੱਦਿਆ ਕਰਦਾ ਸੀ।
31497	733	ਖਤ੍ਰੀ ਬ੍ਰਾਹਮਣ ਪਿਠਿ ਦੇ ਛੋਡੇ ਹਰਿ ਨਾਮਦੇਉ ਲੀਆ ਮੁਖਿ ਲਾਇ॥੩॥		Khathree Braahaman Pith Dhae Shhoddae Har Naamadhaeo Leeaa Mukh Laae ||3||	The Lord turned His back on the high-class Kh'shaatriyas and Brahmins, and showed His face to Naam Dayv. ||3||	ਪਰਮਾਤਮਾ ਨੇ ਖਤ੍ਰੀਆਂ ਬ੍ਰਾਹਮਣਾਂ ਨੂੰ ਪਿੱਠ ਦੇ ਦਿੱਤੀ, ਤੇ, ਨਾਮਦੇਵ ਨੂੰ ਮੱਥੇ ਲਾਇਆ ਸੀ ॥੩॥
31498	733	ਜਿਤਨੇ ਭਗਤ ਹਰਿ ਸੇਵਕਾ ਮੁਖਿ ਅਠਸਠਿ ਤੀਰਥ ਤਿਨ ਤਿਲਕੁ ਕਢਾਇ॥		Jithanae Bhagath Har Saevakaa Mukh Athasath Theerathh Thin Thilak Kadtaae ||	All of the devotees and servants of the Lord have the tilak, the ceremonial mark, applied to their foreheads at the sixty-eight sacred shrines of pilgrimage.	ਹੇ ਭਾਈ! ਪਰਮਾਤਮਾ ਦੇ ਜਿਤਨੇ ਭੀ ਭਗਤ ਹਨ, ਸੇਵਕ ਹਨ, ਉਹਨਾਂ ਦੇ ਮੱਥੇ ਉਤੇ ਅਠਾਹਠ ਤੀਰਥ ਤਿਲਕ ਲਾਂਦੇ ਹਨ (ਸਾਰੇ ਹੀ ਤੀਰਥ ਭੀ ਉਹਨਾਂ ਦਾ ਆਦਰ-ਮਾਣ ਕਰਦੇ ਹਨ)।

31499	733	ਜਨੁ ਨਾਨਕੁ ਤਿਨ ਕਉ ਅਨ ਦਿਨੁ ਪਰਸੇ ਜੇ ਕ੍ਰਿਪਾ ਕਰੇ ਹਰਿ ਰਾਇ॥੪॥੧॥੮॥		Jan Naanak Thin Ko Anadhin Parasae Jae Kirapaa Karae Har Raae ||4||1||8||	Servant Nanak shall touch their feet night and day, if the Lord, the King, grants His Grace. ||4||1||8||	ਹੇ ਭਾਈ! ਜੇ ਪ੍ਰਭੂ-ਪਾਤਿਸ਼ਾਹ ਮੇਹਰ ਕਰੇ, ਤਾਂ ਦਾਸ ਨਾਨਕ ਹਰ ਵੇਲੇ ਉਹਨਾਂ (ਭਗਤਾਂ ਸੇਵਕਾਂ) ਦੇ ਚਰਨ ਛੂੰਹਦਾ ਰਹੇ ॥੪॥੧॥੮॥
31500	733	ਸੂਹੀ ਮਹਲਾ ੪॥		Soohee Mehalaa 4 ||	Soohee, Fourth Mehl:	
31501	733	ਤਿਨ੍ਹੀ ਅੰਤਰਿ ਹਰਿ ਆਰਾਧਿਆ ਜਿਨ ਕਉ ਧੁਰਿ ਲਿਖਿਆ ਲਿਖਤੁ ਲਿਲਾਰਾ॥		Thinhee Anthar Har Aaraadhhiaa Jin Ko Dhhur Likhiaa Likhath Lilaaraa ||	They alone worship and adore the Lord deep within, who are blessed with such pre-ordained destiny from the very beginning of time.	ਹੇ ਭਾਈ! ਧੁਰ ਦਰਗਾਹ ਤੋਂ ਜਿਨ੍ਹਾਂ ਮਨੁੱਖਾਂ ਦੇ ਮੱਥੇ ਉਤੇ ਲੇਖ ਲਿਖਿਆ ਹੁੰਦਾ ਹੈ, ਉਹੀ ਮਨੁੱਖ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਆਰਾਧਨ ਕਰਦੇ ਹਨ (ਅਤੇ ਪਰਮਾਤਮਾ ਉਹਨਾਂ ਦੀ ਹੀ ਪੱਖ ਕਰਦਾ ਹੈ)।
31502	733	ਤਿਨ੍ ਕੀ ਬਖੀਲੀ ਕੋਈ ਕਿਆ ਕਰੇ ਜਿਨ ਕਾ ਅੰਗੁ ਕਰੇ ਮੇਰਾ ਹਰਿ ਕਰਤਾਰਾ॥੧॥		Thin Kee Bakheelee Koee Kiaa Karae Jin Kaa Ang Karae Maeraa Har Karathaaraa ||1||	What can anyone do to undermine them? My Creator Lord is on their side. ||1||	ਪਿਆਰਾ ਕਰਤਾਰ ਜਿਨ੍ਹਾਂ ਦਾ ਪੱਖ ਕਰਦਾ ਹੈ, ਕੋਈ ਮਨੁੱਖ ਉਹਨਾਂ ਦੀ ਨਿੰਦਾ ਕਰ ਕੇ ਉਹਨਾਂ ਦਾ ਕੁਝ ਵਿਗਾੜ ਨਹੀਂ ਸਕਦਾ ॥੧॥

31503	733	ਹਰਿ ਹਰਿ ਧਿਆਇ ਮਨ ਮੇਰੇ ਮਨ ਧਿਆਇ ਹਰਿ ਜਨਮ ਜਨਮ ਕੇ ਸਭਿ ਦੂਖ ਨਿਵਾਰਣਹਾਰਾ॥੧॥ ਰਹਾਉ॥		Har Har Dhhiaae Man Maerae Man Dhhiaae Har Janam Janam Kae Sabh Dhookh Nivaaranehaaraa ||1|| Rehaao ||	So meditate on the Lord, Har, Har, O my mind. Meditate on the Lord, O mind; He is the Eliminator of all the pains of reincarnation. ||1||Pause||	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਸਿਮਰਿਆ ਕਰ। ਹੇ ਮਨ! ਪ੍ਰਭੂ ਦਾ ਧਿਆਨ ਧਰਿਆ ਕਰ। ਪਰਮਾਤਮਾ (ਜੀਵ ਦੇ) ਜਨਮਾਂ ਜਨਮਾਂਤਰਾਂ ਦੇ ਵਿਕਾਰ ਦੂਰ ਕਰਨ ਦੀ ਸਮਰਥਾ ਰੱਖਦਾ ਹੈ ॥੧॥ ਰਹਾਉ ॥
31504	733	ਧੁਰਿ ਭਗਤ ਜਨਾ ਕਉ ਬਖਸਿਆ ਹਰਿ ਅੰਮ੍ਰਿਤ ਭਗਤਿ ਭੰਡਾਰਾ॥		Dhhur Bhagath Janaa Ko Bakhasiaa Har Anmrith Bhagath Bhanddaaraa ||	In the very beginning, the Lord blessed His devotees with the Ambrosial Nectar, the treasure of devotion.	ਹੇ ਭਾਈ! ਧੁਰ ਦਰਗਾਹ ਤੋਂ ਪਰਮਾਤਮਾ ਨੇ ਆਪਣੇ ਭਗਤਾਂ ਨੂੰ ਆਪਣੀ ਆਤਮਕ ਜੀਵਨ ਦੇਣ ਵਾਲੀ ਭਗਤੀ ਦਾ ਖ਼ਜ਼ਾਨਾ ਬਖ਼ਸ਼ਿਆ ਹੋਇਆ ਹੈ।
31505	733	ਮੂਰਖੁ ਹੋਵੈ ਸੁ ਉਨ ਕੀ ਰੀਸ ਕਰੇ ਤਿਸੁ ਹਲਤਿ ਪਲਤਿ ਮੁਹੁ ਕਾਰਾ॥੨॥		Moorakh Hovai S Oun Kee Rees Karae This Halath Palath Muhu Kaaraa ||2||	Anyone who tries to compete with them is a fool; his face shall be blackened here and hereafter. ||2||	ਜੇਹੜਾ ਮਨੁੱਖ ਮੂਰਖ ਹੁੰਦਾ ਹੈ ਉਹੀ ਉਹਨਾਂ ਦੀ ਬਰਾਬਰੀ ਕਰਦਾ ਹੈ (ਇਸ ਈਰਖਾ ਦੇ ਕਾਰਨ, ਸਗੋਂ) ਉਸ ਦਾ ਮੂੰਹ ਇਸ ਲੋਕ ਤੇ ਪਰਲੋਕ ਵਿਚ ਕਾਲਾ ਹੁੰਦਾ ਹੈ (ਉਹ ਲੋਕ ਪਰਲੋਕ ਵਿਚ ਬਦਨਾਮੀ ਖੱਟਦਾ ਹੈ) ॥੨॥

31506	733	ਸੇ ਭਗਤ ਸੇ ਸੇਵਕਾ ਜਿਨ੍ਹਾ ਹਰਿ ਨਾਮੁ ਪਿਆਰਾ॥		Sae Bhagath Sae Saevakaa Jinaa Har Naam Piaaraa ||	They alone are devotees, and they alone are selfless servants, who love the Lord's Name.	ਹੇ ਭਾਈ! ਉਹੀ ਮਨੁੱਖ ਭਗਤ ਹਨ, ਉਹ ਮਨੁੱਖ (ਪਰਮਾਤਮਾ ਦੇ) ਸੇਵਕ ਹਨ, ਜਿਨ੍ਹਾਂ ਨੂੰ ਪਰਮਾਤਮਾ ਦਾ ਨਾਮ ਪਿਆਰਾ ਲੱਗਦਾ ਹੈ।
31507	733	ਤਿਨ ਕੀ ਸੇਵਾ ਤੇ ਹਰਿ ਪਾਈਐ ਸਿਰਿ ਨਿੰਦਕ ਕੈ ਪਵੈ ਛਾਰਾ॥੩॥		Thin Kee Saevaa Thae Har Paaeeai Sir Nindhak Kai Pavai Shhaaraa ||3||	By their selfless service, they find the Lord, while ashes fall on the heads of the slanderers. ||3||	ਉਹਨਾਂ (ਸੇਵਕਾਂ ਭਗਤਾਂ) ਦੀ ਸਰਨ ਪਿਆਂ ਪਰਮਾਤਮਾ (ਦਾ ਮਿਲਾਪ) ਪ੍ਰਾਪਤ ਹੁੰਦਾ ਹੈ। (ਸੇਵਕਾਂ ਭਗਤਾਂ ਦੇ) ਨਿੰਦਕ ਦੇ ਸਿਰ ਉਤੇ (ਤਾਂ ਜਗਤ ਵਲੋਂ) ਸੁਆਹ (ਹੀ) ਪੈਂਦੀ ਹੈ ॥੩॥
31508	733	ਜਿਸੁ ਘਰਿ ਵਿਰਤੀ ਸੋਈ ਜਾਣੈ ਜਗਤ ਗੁਰ ਨਾਨਕ ਪੂਛਿ ਕਰਹੁ ਬੀਚਾਰਾ॥	(ਵਿਰ-ਤੀ)ਵਰਤਾਰਾ। ਵਿਰਤੀ:ਪੋਲਾ ਬੋਲੋ	Jis Ghar Virathee Soee Jaanai Jagath Gur Naanak Pooshh Karahu Beechaaraa ||	He alone knows this, who experiences it within the home of his own self. Ask Guru Nanak, the Guru of the world, and reflect upon it.	ਹੇ ਭਾਈ! (ਉਂਞ ਤਾਂ ਆਪਣੇ ਅੰਦਰ ਦੀ ਫਿਟਕਾਰ ਨੂੰ) ਉਹੀ ਮਨੁੱਖ ਜਾਣਦਾ ਹੈ ਜਿਸ ਦੇ ਹਿਰਦੇ ਵਿਚ ਇਹ ਬਖ਼ੀਲੀ ਵਾਲੀ ਦਸ਼ਾ) ਵਾਪਰਦੀ ਹੈ। (ਪਰ) ਤੁਸੀ ਜਗਤ ਦੇ ਗੁਰੂ ਨਾਨਕ (ਪਾਤਸ਼ਾਹ) ਨੂੰ ਭੀ ਪੁੱਛ ਕੇ ਵਿਚਾਰ ਕਰ ਵੇਖੋ,

31509	733	ਚਹੁ ਪੀੜੀ ਆਦਿ ਜੁਗਾਦਿ ਬਖੀਲੀ ਕਿਨੈ ਨ ਪਾਇਓ ਹਰਿ ਸੇਵਕ ਭਾਇ ਨਿਸਤਾਰਾ ॥੪॥੨॥੯॥	ਪੀੜੀ। ਜੁੱਗਾਦਿ	Chahu Peerree Aadh Jugaadh Bakheelee Kinai N Paaeiou Har Saevak Bhaae Nisathaaraa ||4||2||9||	Throughout the four generations of the Gurus, from the beginning of time and throughout the ages, no one has ever found the Lord by back-biting and undermining. Only by serving the Lord with love, is one emancipated. ||4||2||9||	(ਇਹ ਯਕੀਨ ਜਾਣੋ ਕਿ) ਜਗਤ ਦੇ ਸ਼ੁਰੂ ਤੋਂ ਲੈ ਕੇ ਯੁਗਾਂ ਦੇ ਸ਼ੁਰੂ ਤੋਂ ਲੈ ਕੇ, ਕਦੇ ਵੀ ਕਿਸੇ ਮਨੁੱਖ ਨੇ (ਮਹਾ ਪੁਰਖਾਂ ਨਾਲ) ਈਰਖਾ ਦੀ ਰਾਹੀਂ (ਆਤਮਕ ਜੀਵਨ ਦਾ ਧਨ) ਨਹੀਂ ਲੱਭਾ। (ਮਹਾਂ ਪੁਰਖਾਂ ਨਾਲ) ਸੇਵਕ-ਭਾਵਨਾ ਰੱਖਿਆਂ ਹੀ (ਸੰਸਾਰ-ਸਮੁੰਦਰ ਤੋਂ) ਪਾਰ-ਉਤਾਰਾ ਹੁੰਦਾ ਹੈ ॥੪॥੨॥੯॥
31510	733	ਸੂਹੀ ਮਹਲਾ ੪॥		Soohee Mehalaa 4 ||	Soohee, Fourth Mehl:	
31511	733	ਜਿਥੈ ਹਰਿ ਆਰਾਧੀਐ ਤਿਥੈ ਹਰਿ ਮਿਤੁ ਸਹਾਈ॥		Jithhai Har Aaraadhheeai Thithhai Har Mith Sehaaee ||	Wherever the Lord is worshipped in adoration, there the Lord becomes one's friend and helper.	ਹੇ ਭਾਈ! ਜਿਸ ਭੀ ਥਾਂ ਪਰਮਾਤਮਾ ਦਾ ਆਰਾਧਨ ਕੀਤਾ ਜਾਏ, ਉਹ ਮਿੱਤਰ ਪਰਮਾਤਮਾ ਉੱਥੇ ਹੀ ਆ ਮਦਦਗਾਰ ਬਣਦਾ ਹੈ।
31512	734	ਗੁਰ ਕਿਰਪਾ ਤੇ ਹਰਿ ਮਨਿ ਵਸੈ ਹੋਰਤੁ ਬਿਧਿ ਲਇਆ ਨ ਜਾਈ॥੧॥		Gur Kirapaa Thae Har Man Vasai Horath Bidhh Laeiaa N Jaaee ||1||	By Guru's Grace, the Lord comes to dwell in the mind; He cannot be obtained in any other way. ||1||	(ਪਰ ਉਹ) ਪਰਮਾਤਮਾ ਗੁਰੂ ਦੀ ਕਿਰਪਾ ਨਾਲ (ਹੀ ਮਨੁੱਖ ਦੇ) ਮਨ ਵਿਚ ਵੱਸ ਸਕਦਾ ਹੈ, ਕਿਸੇ ਭੀ ਹੋਰ ਤਰੀਕੇ ਨਾਲ ਉਸ ਨੂੰ ਲੱਭਿਆ ਨਹੀਂ ਜਾ ਸਕਦਾ ॥੧॥

31513	734	ਹਰਿ ਧਨੁ ਸੰਚੀਐ ਭਾਈ॥		Har Dhhan Sancheeai Bhaaee ||	So gather in the wealth of the Lord, O Siblings of Destiny,	ਹੇ ਭਾਈ! ਉਸ ਹਰੀ ਦਾ ਨਾਮ-ਧਨ ਇਕੱਠਾ ਕਰਨਾ ਚਾਹੀਦਾ ਹੈ,
31514	734	ਜਿ ਹਲਤਿ ਪਲਤਿ ਹਰਿ ਹੋਇ ਸਖਾਈ॥੧॥ਰਹਾਉ॥		J Halath Palath Har Hoe Sakhaaee ||1|| Rehaao ||	So that in this world and the next, the Lord shall be your friend and companion. ||1||Pause||	ਜੇਹੜਾ ਹਰੀ ਇਸ ਲੋਕ ਵਿਚ ਅਤੇ ਪਰਲੋਕ ਵਿਚ ਮਿੱਤਰ ਬਣਦਾ ਹੈ ॥੧॥ ਰਹਾਉ ॥
31515	734	ਸਤਸੰਗਤੀ ਸੰਗਿ ਹਰਿ ਧਨੁ ਖਟੀਐ ਹੋਰ ਥੈ ਹੋਰਤੁ ਉਪਾਇ ਹਰਿ ਧਨੁ ਕਿਤੈ ਨ ਪਾਈ॥	ਸਤਸੰਗਤੀਂ	Sathasangathee Sang Har Dhhan Khatteeai Hor Thhai Horath Oupaae Har Dhhan Kithai N Paaee ||	In the company of the Sat Sangat, the True Congregation, you shall earn the wealth of the Lord; this wealth of the Lord is not obtained anywhere else, by any other means, at all.	ਹੇ ਭਾਈ! ਸਤਸੰਗੀਆਂ ਨਾਲ (ਮਿਲ ਕੇ) ਪਰਮਾਤਮਾ ਦਾ ਨਾਮ-ਧਨ ਖੱਟਿਆ ਜਾ ਸਕਦਾ ਹੈ, (ਸਤਸੰਗ ਤੋਂ ਬਿਨਾ) ਕਿਸੇ ਭੀ ਹੋਰ ਥਾਂ, ਕਿਸੇ ਭੀ ਹੋਰ ਜਤਨ ਨਾਲ ਹਰਿ-ਨਾਮ ਧਨ ਪ੍ਰਾਪਤ ਨਹੀਂ ਕੀਤਾ ਜਾ ਸਕਦਾ।

31516	734	ਹਰਿ ਰਤਨੈ ਕਾ ਵਾਪਾਰੀਆ ਹਰਿ ਰਤਨ ਧਨੁ ਵਿਹਾਝੇ ਕਚੈ ਕੇ ਵਾਪਾਰੀਏ ਵਾ ਕਿ ਹਰਿ ਧਨੁ ਲਇਆ ਨ ਜਾਈ॥੨॥	(ਵਾ)ਉਨ੍ਹਾਂ। (ਕਿ)ਪਾਸੋਂ। ਵਾਕਿ:ਬਚਨਾ ਨਾਲ (੨. ਵਾਕਿ)	Har Rathanai Kaa Vaapaareeaa Har Rathan Dhhan Vihaajhae Kachai Kae Vaapaareeeae Vaak Har Dhhan Laeiaa N Jaaee ||2||	The dealer in the Lord's Jewels purchases the wealth of the Lord's jewels; the dealer in cheap glass jewels cannot acquire the Lord's wealth by empty words. ||2||	ਹਰਿ ਨਾਮ ਧਨ ਦਾ ਸਤਸੰਗੀ ਵਾਪਾਰੀ ਨਾਮ ਧਨ ਖ਼ਰੀਦਦਾ ਹੈ, ਨਾਸਵੰਤ ਪਦਾਰਥਾਂ ਦੇ ਵਪਾਰੀ (ਮਾਇਕ ਪਦਾਰਥ ਹੀ ਖ਼ਰੀਦਦੇ ਹਨ ਉਹਨਾਂ ਦੀ) ਸਿੱਖਿਆ ਨਾਲ ਹਰਿ-ਨਾਮ-ਧਨ ਪ੍ਰਾਪਤ ਨਹੀਂ ਕੀਤਾ ਜਾ ਸਕਦਾ ॥੨॥
31517	734	ਹਰਿ ਧਨੁ ਰਤਨੁ ਜਵੇਹਰੁ ਮਾਣਕੁ ਹਰਿ ਧਨੈ ਨਾਲਿ ਅੰਮ੍ਰਿਤ ਵੇਲੈ ਵਤੈ ਹਰਿ ਭਗਤੀ ਹਰਿ ਲਿਵ ਲਾਈ॥	ਵੱਤੈ, ਭਗਤੀਂ	Har Dhhan Rathan Javaehar Maanak Har Dhhanai Naal Anmrith Vaelai Vathai Har Bhagathee Har Liv Laaee ||	The Lord's wealth is like jewels, gems and rubies. At the appointed time in the Amrit Vaylaa, the ambrosial hours of the morning, the Lord's devotees lovingly center their attention on the Lord, and the wealth of the Lord.	ਹੇ ਭਾਈ! ਪਰਮਾਤਮਾ ਦਾ ਨਾਮ (ਭੀ) ਧਨ (ਹੈ, ਇਹ ਧਨ) ਰਤਨ ਜਵਾਹਰ ਮੋਤੀ (ਵਰਗਾ ਕੀਮਤੀ) ਹੈ। ਪ੍ਰਭੂ ਦੇ ਭਗਤਾਂ ਨੇ ਵੱਤਰ ਦੇ ਵੇਲੇ ਉੱਠ ਕੇ ਅੰਮ੍ਰਿਤ ਵੇਲੇ ਉੱਠ ਕੇ (ਉਸ ਵੇਲੇ ਉੱਠ ਕੇ ਜਦੋਂ ਆਤਮਕ ਜੀਵਨ ਪਲ੍ਹਰਦਾ ਹੈ) ਇਸ ਹਰਿ-ਨਾਮ ਧਨ ਨਾਲ ਸੁਰਤ ਜੋੜੀ ਹੁੰਦੀ ਹੈ।

31518	734	ਹਰਿ ਧਨੁ ਅੰਮ੍ਰਿਤ ਵੇਲੈ ਵਤੈ ਕਾ ਬੀਜਿਆ ਭਗਤ ਖਾਇ ਖਰਚਿ ਰਹੇ ਨਿਖੁਟੈ ਨਾਹੀ॥	ਨਿੱਖੁਟੈ	Har Dhhan Anmrith Vaelai Vathai Kaa Beejiaa Bhagath Khaae Kharach Rehae Nikhuttai Naahee ||	The devotees of the Lord plant the seed of the Lord's wealth in the ambrosial hours of the Amrit Vaylaa; they eat it, and spend it, but it is never exhausted.	ਵੱਤਰ ਦੇ ਵੇਲੇ ਅੰਮ੍ਰਿਤ ਵੇਲੇ (ਉੱਠ ਕੇ) ਬੀਜਿਆ ਹੋਇਆ ਇਹ ਹਰਿ-ਨਾਮ-ਧਨ ਭਗਤ ਜਨ ਆਪ ਵਰਤਦੇ ਰਹਿੰਦੇ ਹਨ, ਹੋਰਨਾਂ ਨੂੰ ਵੰਡਦੇ ਰਹਿੰਦੇ ਹਨ, ਪਰ ਇਹ ਮੁੱਕਦਾ ਨਹੀਂ।
31519	734	ਹਲਤਿ ਪਲਤਿ ਹਰਿ ਧਨੈ ਕੀ ਭਗਤਾ ਕਉ ਮਿਲੀ ਵਡਿਆਈ॥੩॥		Halath Palath Har Dhhanai Kee Bhagathaa Ko Milee Vaddiaaee ||3||	In this world and the next, the devotees are blessed with glorious greatness, the wealth of the Lord. ||3||	ਭਗਤ ਜਨਾਂ ਨੂੰ ਇਸ ਲੋਕ ਵਿਚ ਪਰਲੋਕ ਵਿਚ ਇਸ ਹਰਿ-ਨਾਮ-ਧਨ ਦੇ ਕਾਰਨ ਇੱਜ਼ਤ ਮਿਲਦੀ ਹੈ ॥੩॥
31520	734	ਹਰਿ ਧਨੁ ਨਿਰਭਉ ਸਦਾ ਸਦਾ ਅਸਥਿਰੁ ਹੈ ਸਾਚਾ ਇਹੁ ਹਰਿ ਧਨੁ ਅਗਨੀ ਤਸਕਰੈ ਪਾਣੀਐ ਜਮਦੂਤੈ ਕਿਸੈ ਕਾ ਗਵਾਇਆ ਨ ਜਾਈ॥		Har Dhhan Nirabho Sadhaa Sadhaa Asathhir Hai Saachaa Eihu Har Dhhan Aganee Thasakarai Paaneeai Jamadhoothai Kisai Kaa Gavaaeiaa N Jaaee ||	The wealth of the Fearless Lord is permanent, forever and ever, and true. This wealth of the Lord cannot be destroyed by fire or water; neither thieves nor the Messenger of Death can take it away.	ਹੇ ਭਾਈ! ਇਸ ਹਰਿ-ਨਾਮ-ਧਨ ਨੂੰ ਕਿਸੇ ਕਿਸਮ ਦਾ ਕੋਈ ਡਰ-ਖ਼ਤਰਾ ਨਹੀਂ, ਇਹ ਸਦਾ ਹੀ ਕਾਇਮ ਰਹਿਣ ਵਾਲਾ ਹੈ, ਸਦਾ ਹੀ ਟਿਕਿਆ ਰਹਿੰਦਾ ਹੈ। ਅੱਗ, ਚੋਰ, ਪਾਣੀ, ਮੌਤ-ਕਿਸੇ ਪਾਸੋਂ ਭੀ ਇਸ ਧਨ ਦਾ ਨੁਕਸਾਨ ਨਹੀਂ ਕੀਤਾ ਜਾ ਸਕਦਾ।

31521	734	ਹਰਿ ਧਨੁ ਕਉ ਉਚਕਾ ਨੇੜਿ ਨ ਆਵਈ ਜਮੁ ਜਾਗਾਤੀ ਡੰਡੁ ਨ ਲਗਾਈ॥੪॥	ਉਚੱਕਾ	Har Dhhan Ko Ouchakaa Naerr N Aavee Jam Jaagaathee Ddandd N Lagaaee ||4||	Thieves cannot even approach the Lord's wealth; Death, the tax collector cannot tax it. ||4||	ਕੋਈ ਲੁਟੇਰਾ ਇਸ ਹਰਿ-ਨਾਮ-ਧਨ ਦੇ ਨੇੜੇ ਨਹੀਂ ਢੁਕ ਸਕਦਾ। ਜਮ ਮਸੂਲੀਆ ਇਸ ਧਨ ਨੂੰ ਮਸੂਲ ਨਹੀਂ ਲਾ ਸਕਦਾ ॥੪॥
31522	734	ਸਾਕਤੀ ਪਾਪ ਕਰਿ ਕੈ ਬਿਖਿਆ ਧਨੁ ਸੰਚਿਆ ਤਿਨਾ ਇਕ ਵਿਖ ਨਾਲਿ ਨ ਜਾਈ॥	ਸਾਕਤੀਂ ਵਿੱਖ	Saakathee Paap Kar Kai Bikhiaa Dhhan Sanchiaa Thinaa Eik Vikh Naal N Jaaee ||	The faithless cynics commit sins and gather in their poisonous wealth, but it shall not go along with them for even a single step.	ਹੇ ਭਾਈ! ਮਾਇਆ-ਵੇੜ੍ਹੇ ਮਨੁੱਖਾਂ ਨੇ (ਸਦਾ) ਪਾਪ ਕਰ ਕਰ ਕੇ ਮਾਇਆ-ਧਨ (ਹੀ) ਜੋੜਿਆ, (ਪਰ) ਉਹਨਾਂ ਦੇ ਨਾਲ (ਜਗਤ ਤੋਂ ਤੁਰਨ ਵੇਲੇ) ਇਹ ਧਨ ਇਕ ਕਦਮ ਭੀ ਸਾਥ ਨਾਹ ਕਰ ਸਕਿਆ।
31523	734	ਹਲਤੈ ਵਿਚਿ ਸਾਕਤ ਦੁਹੇਲੇ ਭਏ ਹਥਹੁ ਛੁੜਕਿ ਗਇਆ ਅਗੈ ਪਲਤਿ ਸਾਕਤੁ ਹਰਿ ਦਰਗਹ ਢੋਈ ਨ ਪਾਈ॥੫॥	(ਵਿਚਿ)ਮਾਤਲੋਕ ਚ	Halathai Vich Saakath Dhuhaelae Bheae Hathhahu Shhurrak Gaeiaa Agai Palath Saakath Har Dharageh Dtoee N Paaee ||5||	In this world, the faithless cynics become miserable, as it slips away through their hands. In the world hereafter, the faithless cynics find no shelter in the Court of the Lord. ||5||	(ਇਸ ਮਾਇਆ-ਧਨ ਦੇ ਕਾਰਨ) ਮਾਇਆ-ਵੇੜ੍ਹੇ ਮਨੁੱਖ ਇਸ ਲੋਕ ਵਿਚ ਦੁਖੀ ਹੀ ਰਹੇ (ਮਰਨ ਵੇਲੇ ਇਹ ਧਨ) ਹੱਥੋਂ ਖੁੱਸ ਗਿਆ, ਅਗਾਂਹ ਪਰਲੋਕ ਵਿਚ ਜਾ ਕੇ ਮਾਇਆ-ਵੇੜ੍ਹੇ ਮਨੁੱਖ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਕੋਈ ਥਾਂ ਨਹੀਂ ਮਿਲਦੀ ॥੫॥

31524	734	ਇਸੁ ਹਰਿ ਧਨ ਕਾ ਸਾਹੁ ਹਰਿ ਆਪਿ ਹੈ ਸੰਤਹੁ ਜਿਸ ਨੋ ਦੇਇ ਸੁ ਹਰਿ ਧਨੁ ਲਦਿ ਚਲਾਈ॥	ਲੱਦਿ	Eis Har Dhhan Kaa Saahu Har Aap Hai Santhahu Jis No Dhaee S Har Dhhan Ladh Chalaaee ||	The Lord Himself is the Banker of this wealth, O Saints; when the Lord gives it, the mortal loads it and takes it away.	ਹੇ ਸੰਤ ਜਨੋ! ਇਸ ਹਰਿ-ਨਾਮ-ਧਨ ਦਾ ਮਾਲਕ ਪਰਮਾਤਮਾ ਆਪ ਹੀ ਹੈ। ਜਿਸ ਮਨੁੱਖ ਨੂੰ ਸ਼ਾਹ ਪ੍ਰਭੂ ਇਹ ਧਨ ਦੇਂਦਾ ਹੈ, ਉਹ ਮਨੁੱਖ (ਇਸ ਜਗਤ ਵਿਚ) ਇਹ ਹਰਿ-ਨਾਮ-ਸੌਦਾ ਵਿਹਾਝ ਕੇ ਇਥੋਂ ਤੁਰਦਾ ਹੈ।
31525	734	ਇਸੁ ਹਰਿ ਧਨੈ ਕਾ ਤੋਟਾ ਕਦੇ ਨ ਆਵਈ ਜਨ ਨਾਨਕ ਕਉ ਗੁਰਿ ਸੋਝੀ ਪਾਈ॥੬॥੩॥੧੦॥		Eis Har Dhhanai Kaa Thottaa Kadhae N Aavee Jan Naanak Ko Gur Sojhee Paaee ||6||3||10||	This wealth of the Lord is never exhausted; the Guru has given this understanding to servant Nanak. ||6||3||10||	ਹੇ ਨਾਨਕ! (ਆਖ-ਹੇ ਭਾਈ!) ਇਸ ਹਰਿ-ਨਾਮ-ਧਨ ਦੇ ਵਪਾਰ ਵਿਚ ਕਦੇ ਘਾਟਾ ਨਹੀਂ ਪੈਂਦਾ। ਗੁਰੂ ਨੇ ਆਪਣੇ ਸੇਵਕ ਨੂੰ ਇਹ ਗੱਲ ਚੰਗੀ ਤਰ੍ਹਾਂ ਸਮਝਾ ਦਿੱਤੀ ਹੈ ॥੬॥੩॥੧੦॥
31526	734	ਸੂਹੀ ਮਹਲਾ ੪॥		Soohee Mehalaa 4 ||	Soohee, Fourth Mehl:	
31527	734	ਜਿਸ ਨੋ ਹਰਿ ਸੁਪ੍ਰਸੰਨੁ ਹੋਇ ਸੋ ਹਰਿ ਗੁਣਾ ਰਵੈ ਸੋ ਭਗਤੁ ਸੋ ਪਰਵਾਨੁ॥	ਸੁਪ੍ਰਸੰਨ	Jis No Har Suprasann Hoe So Har Gunaa Ravai So Bhagath So Paravaan ||	That mortal, with whom the Lord is pleased, repeats the Glorious Praises of the Lord; he alone is a devotee, and he alone is approved.	ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਚੰਗੀ ਤਰ੍ਹਾਂ ਖ਼ੁਸ਼ ਹੁੰਦਾ ਹੈ, ਉਹ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ ਉਹ ਮਨੁੱਖ (ਉਸ ਦੀਆਂ ਨਜ਼ਰਾਂ ਵਿਚ) ਭਗਤ ਹੈ (ਉਸ ਦੇ ਦਰ ਤੇ) ਕਬੂਲ ਹੈ।

31528	734	ਤਿਸ ਕੀ ਮਹਿਮਾ ਕਿਆ ਵਰਨੀਐ ਜਿਸ ਕੈ ਹਿਰਦੈ ਵਸਿਆ ਹਰਿ ਪੁਰਖੁ ਭਗਵਾਨੁ॥੧॥		This Kee Mehimaa Kiaa Varaneeai Jis Kai Hiradhai Vasiaa Har Purakh Bhagavaan ||1||	How can his glory be described? Within his heart, the Primal Lord, the Lord God, abides. ||1||	ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਭਗਵਾਨ ਪੁਰਖ ਆ ਵੱਸਦਾ ਹੈ, ਉਸ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ ॥੧॥
31529	734	ਗੋਵਿੰਦ ਗੁਣ ਗਾਈਐ ਜੀਉ ਲਾਇ ਸਤਿਗੁਰੂ ਨਾਲਿ ਧਿਆਨੁ॥੧॥ਰਹਾਉ ॥		Govindh Gun Gaaeeai Jeeo Laae Sathiguroo Naal Dhhiaan ||1|| Rehaao ||	Sing the Glorious Praises of the Lord of the Universe; focus your meditation on the True Guru. ||1||Pause||	ਹੇ ਭਾਈ! ਆਓ, ਚਿੱਤ ਜੋੜ ਕੇ, ਗੁਰੂ (ਦੀ ਬਾਣੀ) ਨਾਲ ਸੁਰਤ ਜੋੜ ਕੇ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਇਆ ਕਰੀਏ ॥੧॥ ਰਹਾਉ ॥
31530	734	ਸੋ ਸਤਿਗੁਰੂ ਸਾ ਸੇਵਾ ਸਤਿਗੁਰ ਕੀ ਸਫਲ ਹੈ ਜਿਸ ਤੇ ਪਾਈਐ ਪਰਮ ਨਿਧਾਨੁ॥		So Sathiguroo Saa Saevaa Sathigur Kee Safal Hai Jis Thae Paaeeai Param Nidhhaan ||	He is the True Guru - service to the True Guru is fruitful and rewarding. By this service, the greatest treasure is obtained.	ਹੇ ਭਾਈ! ਉਹ ਗੁਰੂ (ਐਸਾ ਸਮਰਥ ਹੈ) ਕਿ ਉਸ ਪਾਸੋਂ ਸਭ ਤੋਂ ਉੱਚਾ ਖ਼ਜ਼ਾਨਾ ਮਿਲ ਜਾਂਦਾ ਹੈ, ਉਸ ਗੁਰੂ ਦੀ ਦੱਸੀ ਹੋਈ ਉਹ ਸੇਵਾ ਭੀ ਫਲ ਲਿਆਉਂਦੀ ਹੈ।

31531	734	ਜੋ ਦੂਜੈ ਭਾਇ ਸਾਕਤ ਕਾਮਨਾ ਅਰਥਿ ਦੁਰਗੰਧ ਸਰੇਵਦੇ ਸੋ ਨਿਹਫਲ ਸਭੁ ਅਗਿਆਨੁ॥੨॥		Jo Dhoojai Bhaae Saakath Kaamanaa Arathh Dhuragandhh Saraevadhae So Nihafal Sabh Agiaan ||2||	The faithless cynics in their love of duality and sensual desires, harbor foul-smelling urges. They are totally useless and ignorant. ||2||	ਜੇਹੜੇ ਮਾਇਆ-ਵੇੜ੍ਹੇ ਮਨੁੱਖ ਮਾਇਆ ਦੇ ਪਿਆਰ ਵਿਚ (ਫਸ ਕੇ) ਮਨ ਦੀਆਂ ਵਾਸਨਾਂ (ਪੂਰੀਆਂ ਕਰਨ) ਦੀ ਖ਼ਾਤਰ ਵਿਸ਼ੇ ਵਿਕਾਰਾਂ ਵਿਚ ਲੱਗੇ ਰਹਿੰਦੇ ਹਨ, ਉਹ ਜੀਵਨ ਵਿਅਰਥ ਗਵਾ ਲੈਂਦੇ ਹਨ, ਉਹਨਾਂ ਦਾ ਸਾਰਾ ਜੀਵਨ ਹੀ ਆਤਮਕ ਜੀਵਨ ਵਲੋਂ ਬੇ-ਸਮਝੀ ਹੈ ॥੨॥
31532	734	ਜਿਸ ਨੋ ਪਰਤੀਤਿ ਹੋਵੈ ਤਿਸ ਕਾ ਗਾਵਿਆ ਥਾਇ ਪਵੈ ਸੋ ਪਾਵੈ ਦਰਗਹ ਮਾਨੁ॥		Jis No Paratheeth Hovai This Kaa Gaaviaa Thhaae Pavai So Paavai Dharageh Maan ||	One who has faith - his singing is approved. He is honored in the Court of the Lord.	ਹੇ ਭਾਈ! ਜਿਸ ਮਨੁੱਖ ਨੂੰ (ਗੁਰੂ ਉੱਤੇ) ਸਰਧਾ ਹੁੰਦੀ ਹੈ, ਉਸ ਦਾ ਹਰਿ-ਜਸ ਗਾਣਾ (ਹਰੀ ਦੀ ਹਜ਼ੂਰੀ ਵਿਚ) ਕਬੂਲ ਪੈਂਦਾ ਹੈ; ਉਹ ਮਨੁੱਖ ਪਰਮਾਤਮਾ ਦੀ ਦਰਗਾਹ ਵਿਚ ਆਦਰ ਪਾਂਦਾ ਹੈ।
31533	734	ਜੋ ਬਿਨੁ ਪਰਤੀਤੀ ਕਪਟੀ ਕੂੜੀ ਕੂੜੀ ਅਖੀ ਮੀਟਦੇ ਉਨ ਕਾ ਉਤਰਿ ਜਾਇਗਾ ਝੂਠੁ ਗੁਮਾਨੁ॥੩॥		Jo Bin Paratheethee Kapattee Koorree Koorree Akhee Meettadhae Oun Kaa Outhar Jaaeigaa Jhooth Gumaan ||3||	Those who lack faith may close their eyes, hypocritically pretending and faking devotion, but their false pretenses shall soon wear off. ||3||	ਪਰ ਜੇਹੜੇ ਫ਼ਰੇਬੀ ਮਨੁੱਖ (ਗੁਰੂ ਉਤੇ) ਨਿਸਚਾ ਰੱਖਣ ਤੋਂ ਬਿਨਾ ਝੂਠ-ਮੂਠ ਹੀ ਅੱਖਾਂ ਮੀਟਦੇ ਹਨ (ਮਾਨੋ, ਸਮਾਧੀ ਲਾਈ ਬੈਠੇ ਹਨ) ਉਹਨਾਂ ਦਾ (ਆਪਣੀ ਉੱਚਤਾ ਬਾਰੇ) ਝੂਠਾ ਅਹੰਕਾਰ (ਆਖ਼ਰ) ਲਹਿ ਜਾਇਗਾ ॥੩॥

31534	734	ਜੇਤਾ ਜੀਉ ਪਿੰਡੁ ਸਭੁ ਤੇਰਾ ਤੂੰ ਅੰਤਰਜਾਮੀ ਪੁਰਖੁ ਭਗਵਾਨੁ॥		Jaethaa Jeeo Pindd Sabh Thaeraa Thoon Antharajaamee Purakh Bhagavaan ||	My soul and body are totally Yours, Lord; You are the Inner-knower, the Searcher of hearts, my Primal Lord God.	ਹੇ ਪ੍ਰਭੂ! ਜਿਤਨਾ ਭੀ (ਜੀਵਾਂ ਦਾ) ਜਿੰਦ-ਸਰੀਰ ਹੈ, ਇਹ ਸਭ ਤੇਰਾ ਦਿੱਤਾ ਹੋਇਆ ਹੈ, ਤੂੰ ਸਭ ਦੇ ਦਿਲ ਦੀ ਜਾਣਨ ਵਾਲਾ ਸਰਬ-ਵਿਆਪਕ ਪ੍ਰਭੂ ਹੈਂ।
31535	734	ਦਾਸਨਿ ਦਾਸੁ ਕਹੈ ਜਨੁ ਨਾਨਕੁ ਜੇਹਾ ਤੂੰ ਕਰਾਇਹਿ ਤੇਹਾ ਹਉ ਕਰੀ ਵਖਿਆਨੁ॥੪॥੪॥੧੧॥		Dhaasan Dhaas Kehai Jan Naanak Jaehaa Thoon Karaaeihi Thaehaa Ho Karee Vakhiaan ||4||4||11||	So speaks servant Nanak, the slave of Your slaves; as You make me speak, so do I speak. ||4||4||11||	ਹੇ ਪ੍ਰਭੂ! ਤੇਰੇ ਦਾਸਾਂ ਦਾ ਦਾਸ ਨਾਨਕ ਆਖਦਾ ਹੈ-(ਹੇ ਪ੍ਰਭੂ!) ਤੂੰ ਜੋ ਕੁਝ ਮੈਥੋਂ ਅਖਵਾਂਦਾ ਹੈਂ, ਮੈਂ ਉਹੀ ਕੁਝ ਆਖਦਾ ਹਾਂ ॥੪॥੪॥੧੧॥
31536	735	ਸੂਹੀ ਮਹਲਾ ੪ ਘਰੁ ੭		Soohee Mehalaa 4 Ghar 7	Soohee, Fourth Mehl, Seventh House:	ਰਾਗ ਸੂਹੀ, ਘਰ ੭ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
31537	735	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31538	735	ਤੇਰੇ ਕਵਨ ਕਵਨ ਗੁਣ ਕਹਿ ਕਹਿ ਗਾਵਾ ਤੂ ਸਾਹਿਬ ਗੁਣੀ ਨਿਧਾਨਾ॥		Thaerae Kavan Kavan Gun Kehi Kehi Gaavaa Thoo Saahib Gunee Nidhhaanaa ||	Which, which of Your Glorious Virtues should I sing and recount, Lord? You are my Lord and Master, the treasure of excellence.	ਮੈਂ ਤੇਰੇ ਕੇਹੜੇ ਕੇਹੜੇ ਗੁਣ ਦੱਸ ਕੇ ਤੇਰੀ ਸਿਫ਼ਤਿ-ਸਾਲਾਹ ਕਰ ਸਕਦਾ ਹਾਂ? ਤੂੰ ਸਾਰੇ ਗੁਣਾਂ ਦਾ ਖ਼ਜ਼ਾਨਾ ਹੈਂ, ਤੂੰ ਸਭ ਦਾ ਮਾਲਕ ਹੈਂ।

31539	735	ਤੁਮਰੀ ਮਹਿਮਾ ਬਰਨਿ ਨ ਸਾਕਉ ਤੂੰ ਠਾਕੁਰ ਊਚ ਭਗਵਾਨਾ॥੧॥		Thumaree Mehimaa Baran N Saako Thoon Thaakur Ooch Bhagavaanaa ||1||	I cannot express Your Glorious Praises. You are my Lord and Master, lofty and benevolent. ||1||	ਹੇ ਸਭ ਤੋਂ ਉੱਚੇ ਭਗਵਾਨ! ਤੂੰ ਸਭ ਦਾ ਪਾਲਣ ਵਾਲਾ ਹੈਂ। ਮੈਂ ਤੇਰੀ ਵਡਿਆਈ ਬਿਆਨ ਨਹੀਂ ਕਰ ਸਕਦਾ ॥੧॥
31540	735	ਮੈ ਹਰਿ ਹਰਿ ਨਾਮੁ ਧਰ ਸੋਈ॥		Mai Har Har Naam Dhhar Soee ||	The Name of the Lord, Har, Har, is my only support.	ਹੇ ਹਰੀ! ਮੇਰੇ ਵਾਸਤੇ ਤੇਰਾ ਉਹ ਨਾਮ ਹੀ ਆਸਰਾ ਹੈ।
31541	735	ਜਿਉ ਭਾਵੈ ਤਿਉ ਰਾਖੁ ਮੇਰੇ ਸਾਹਿਬ ਮੈ ਤੁਝ ਬਿਨੁ ਅਵਰੁ ਨ ਕੋਈ॥੧॥ਰਹਾਉ॥		Jio Bhaavai Thio Raakh Maerae Saahib Mai Thujh Bin Avar N Koee ||1|| Rehaao ||	If it pleases You, please save me, O my Lord and Master; without You, I have no other at all. ||1||Pause||	ਹੇ ਮੇਰੇ ਮਾਲਕ! ਜਿਵੇਂ ਤੈਨੂੰ ਚੰਗਾ ਲੱਗੇ ਤਿਵੇਂ ਮੇਰੀ ਰੱਖਿਆ ਕਰ। ਤੈਥੋਂ ਬਿਨਾ ਮੇਰਾ ਹੋਰ ਕੋਈ (ਸਹਾਰਾ) ਨਹੀਂ ਹੈ ॥੧॥ ਰਹਾਉ ॥
31542	735	ਮੈ ਤਾਣੁ ਦੀਬਾਣੁ ਤੂਹੈ ਮੇਰੇ ਸੁਆਮੀ ਮੈ ਤੁਧੁ ਆਗੈ ਅਰਦਾਸਿ॥		Mai Thaan Dheebaan Thoohai Maerae Suaamee Mai Thudhh Aagai Aradhaas ||	You alone are my strength, and my Court, O my Lord and Master; unto You alone I pray.	ਹੇ ਮੇਰੇ ਮਾਲਕ! ਤੂੰ ਹੀ ਮੇਰੇ ਵਾਸਤੇ ਬਲ ਹੈਂ, ਤੂੰ ਹੀ ਮੇਰੇ ਵਾਸਤੇ ਆਸਰਾ ਹੈਂ। ਮੈਂ ਤੇਰੇ ਅੱਗੇ ਹੀ ਅਰਜ਼ੋਈ ਕਰ ਸਕਦਾ ਹਾਂ।

31543	735	ਮੈ ਹੋਰੁ ਥਾਉ ਨਾਹੀ ਜਿਸੁ ਪਹਿ ਕਰਉ ਬੇਨੰਤੀ ਮੇਰਾ ਦੁਖੁ ਸੁਖੁ ਤੁਝ ਹੀ ਪਾਸੇ॥੨॥		Mai Hor Thhaao Naahee Jis Pehi Karo Baenanthee Maeraa Dhukh Sukh Thujh Hee Paas ||2||	There is no other place where I can offer my prayers; I can tell my pains and pleasures only to You. ||2||	ਮੇਰੇ ਵਾਸਤੇ ਕੋਈ ਹੋਰ ਅਜੇਹਾ ਥਾਂ ਨਹੀਂ, ਜਿਸ ਕੋਲ ਮੈਂ ਬੇਨਤੀ ਕਰ ਸਕਾਂ। ਮੈਂ ਆਪਣਾ ਹਰੇਕ ਸੁਖ ਹਰੇਕ ਦੁੱਖ ਤੇਰੇ ਕੋਲ ਹੀ ਪੇਸ਼ ਕਰ ਸਕਦਾ ਹਾਂ ॥੨॥
31544	735	ਵਿਚੇ ਧਰਤੀ ਵਿਚੇ ਪਾਣੀ ਵਿਚਿ ਕਾਸਟ ਅਗਨਿ ਧਰੀਜੈ॥		Vichae Dhharathee Vichae Paanee Vich Kaasatt Agan Dhhareejai ||	Water is locked up in the earth, and fire is locked up in wood.	ਹੇ ਮੇਰੇ ਮਨ! ਵੇਖ, (ਪਾਣੀ ਦੇ) ਵਿਚ ਹੀ ਧਰਤੀ ਹੈ, (ਧਰਤੀ ਦੇ) ਵਿਚ ਹੀ ਪਾਣੀ ਹੈ, ਲੱਕੜ ਵਿਚ ਅੱਗ ਰੱਖੀ ਹੋਈ ਹੈ,
31545	735	ਬਕਰੀ ਸਿੰਘੁ ਇਕਤੈ ਥਾਇ ਰਾਖੇ ਮਨ ਹਰਿ ਜਪਿ ਭ੍ਰਮੁ ਭਉ ਦੂਰਿ ਕੀਜੈ॥੩॥	(ਬੱਕਰੀ)ਧਰਤੀ। (ਸਿੰਘੁ)ਪਾਣੀ। ਬੱਕਰੀ:ਜਿੰਦ। ਸਿੰਘੁ:ਕਾਲ। ਬੱਕਰੀ:ਕਾਠ। ਸਿੰਘੁ:ਅੱਗ ਨੂੰ ਮਰਯਾਦਾ ਚ ਇਕੱਠੇ ਰੱਖਿਆ ਹੈ	Bakaree Singh Eikathai Thhaae Raakhae Man Har Jap Bhram Bho Dhoor Keejai ||3||	The sheep and the lions are kept in one place; O mortal, meditate on the Lord, and your doubts and fears shall be removed. ||3||	(ਮਾਲਕ-ਪ੍ਰਭੂ ਨੇ, ਮਾਨੋ) ਸ਼ੇਰ ਤੇ ਬੱਕਰੀ ਇਕੋ ਥਾਂ ਰੱਖੇ ਹੋਏ ਹਨ। ਹੇ ਮਨ! (ਤੂੰ ਕਿਉਂ ਡਰਦਾ ਹੈਂ? ਅਜੇਹੀ ਸ਼ਕਤੀ ਵਾਲੇ) ਪਰਮਾਤਮਾ ਦਾ ਨਾਮ ਜਪ ਕੇ ਤੂੰ ਆਪਣਾ ਹਰੇਕ ਡਰ ਭਰਮ ਦੂਰ ਕਰ ਲਿਆ ਕਰ ॥੩॥
31546	735	ਹਰਿ ਕੀ ਵਡਿਆਈ ਦੇਖਹੁ ਸੰਤਹੁ ਹਰਿ ਨਿਮਾਣਿਆ ਮਾਣੁ ਦੇਵਾਏ॥		Har Kee Vaddiaaee Dhaekhahu Santhahu Har Nimaaniaa Maan Dhaevaaeae ||	So behold the glorious greatness of the Lord, O Saints; the Lord blesses the dishonored with honor.	ਹੇ ਸੰਤ ਜਨੋ! ਵੇਖੋ ਪਰਮਾਤਮਾ ਦੀ ਵੱਡੀ ਤਾਕਤ! ਪਰਮਾਤਮਾ ਉਹਨਾਂ ਨੂੰ ਆਦਰ ਦਿਵਾਂਦਾ ਹੈ, ਜਿਨ੍ਹਾਂ ਦੀ ਕੋਈ ਇੱਜ਼ਤ ਨਹੀਂ ਸੀ ਕਰਦਾ।

31547	735	ਜਿਉ ਧਰਤੀ ਚਰਣ ਤਲੇ ਤੇ ਊਪਰਿ ਆਵੈ ਤਿਉ ਨਾਨਕ ਸਾਧ ਜਨਾ ਜਗਤੁ ਆਣਿ ਸਭੁ ਪੈਰੀ ਪਾਏ॥੪॥੧॥੧੨॥	ਜੱਗਤੁ	Jio Dhharathee Charan Thalae Thae Oopar Aavai Thio Naanak Saadhh Janaa Jagath Aan Sabh Pairee Paaeae ||4||1||12||	As dust rises from underfoot, O Nanak, so does the Lord make all people fall at the feet of the Holy. ||4||1||12||	ਹੇ ਨਾਨਕ! ਜਿਵੇਂ ਧਰਤੀ (ਮਨੁੱਖ ਦੇ) ਪੈਰਾਂ ਹੇਠੋਂ (ਮੌਤ ਆਉਣ ਤੇ ਉਸ ਦੇ) ਉੱਪਰ ਆ ਜਾਂਦੀ ਹੈ, ਤਿਵੇਂ ਪਰਮਾਤਮਾ ਸਾਰੇ ਜਗਤ ਨੂੰ ਲਿਆ ਕੇ ਸਾਧ ਜਨਾਂ ਦੇ ਚਰਨਾਂ ਵਿਚ ਪਾ ਦੇਂਦਾ ਹੈ ॥੪॥੧॥੧੨॥
31548	735	ਸੂਹੀ ਮਹਲਾ ੪॥		Soohee Mehalaa 4 ||	Soohee, Fourth Mehl:	
31549	735	ਤੂੰ ਕਰਤਾ ਸਭੁ ਕਿਛੁ ਆਪੇ ਜਾਣਹਿ ਕਿਆ ਤੁਧੁ ਪਹਿ ਆਖਿ ਸੁਣਾਈਐ॥		Thoon Karathaa Sabh Kishh Aapae Jaanehi Kiaa Thudhh Pehi Aakh Sunaaeeai ||	You Yourself, O Creator, know everything; what can I possibly tell You?	ਹੇ ਪ੍ਰਭੂ! ਤੂੰ (ਸਾਰੀ ਸ੍ਰਿਸ਼ਟੀ ਦਾ) ਪੈਦਾ ਕਰਨ ਵਾਲਾ ਹੈਂ, (ਆਪਣੀ ਰਚੀ ਸ੍ਰਿਸ਼ਟੀ ਬਾਬਤ) ਹਰੇਕ ਗੱਲ ਤੂੰ ਆਪ ਹੀ ਜਾਣਦਾ ਹੈਂ। ਤੇਰੇ ਪਾਸੋਂ ਕੋਈ ਗੱਲ ਗੁੱਝੀ ਨਹੀਂ (ਇਸ ਵਾਸਤੇ) ਤੈਨੂੰ ਕੇਹੜੀ ਗੱਲ ਆਖ ਕੇ ਸੁਣਾਈ ਜਾਏ।
31550	735	ਬੁਰਾ ਭਲਾ ਤੁਧੁ ਸਭੁ ਕਿਛੁ ਸੂਝੈ ਜੇਹਾ ਕੋ ਕਰੇ ਤੇਹਾ ਕੋ ਪਾਈਐ॥੧॥		Buraa Bhalaa Thudhh Sabh Kishh Soojhai Jaehaa Ko Karae Thaehaa Ko Paaeeai ||1||	You know all the bad and the good; as we act, so are we rewarded. ||1||	ਹਰੇਕ ਜੀਵ ਦੀ ਬੁਰਾਈ ਅਤੇ ਭਲਾਈ ਦਾ ਤੈਨੂੰ ਆਪ ਹੀ ਪਤਾ ਲੱਗ ਜਾਂਦਾ ਹੈ। (ਤਾਹੀਏਂ) ਜਿਹੋ ਜਿਹਾ ਕਰਮ ਕੋਈ ਜੀਵ ਕਰਦਾ ਹੈ, ਉਸ ਦਾ ਉਹੋ ਜਿਹਾ ਫਲ ਉਹ ਪਾ ਲੈਂਦਾ ਹੈ ॥੧॥

31551	735	ਮੇਰੇ ਸਾਹਿਬ ਤੂੰ ਅੰਤਰ ਕੀ ਬਿਧਿ ਜਾਣਹਿ॥		Maerae Saahib Thoon Anthar Kee Bidhh Jaanehi ||	O my Lord and Master, You alone know the state of my inner being.	ਹੇ ਮੇਰੇ ਮਾਲਕ! ਤੂੰ (ਹਰੇਕ ਜੀਵ ਦੇ) ਅੰਦਰ ਦੀ ਹਾਲਤ ਜਾਣਦਾ ਹੈਂ।
31552	735	ਬੁਰਾ ਭਲਾ ਤੁਧੁ ਸਭੁ ਕਿਛੁ ਸੂਝੈ ਤੁਧੁ ਭਾਵੈ ਤਿਵੈ ਬੁਲਾਵਹਿ॥੧॥ਰਹਾਉ॥		Buraa Bhalaa Thudhh Sabh Kishh Soojhai Thudhh Bhaavai Thivai Bulaavehi ||1|| Rehaao ||	You know all the bad and the good; as it pleases You, so You make us speak. ||1||Pause||	ਕਿਸੇ ਦੇ ਅੰਦਰ ਬੁਰਾਈ ਹੈ, ਕਿਸੇ ਦੇ ਅੰਦਰ ਭਲਾਈ, ਤੈਨੂੰ ਹਰੇਕ ਗੱਲ ਦਾ ਪਤਾ ਲੱਗ ਜਾਂਦਾ ਹੈ। ਜਿਵੇਂ ਤੈਨੂੰ ਚੰਗਾ ਲੱਗਦਾ ਹੈ, ਤਿਵੇਂ ਹੀ ਤੂੰ (ਹਰੇਕ ਜੀਵ ਨੂੰ ਚੰਗੇ ਜਾਂ ਮੰਦੇ ਨਾਮ ਨਾਲ) ਸੱਦਦਾ ਹੈਂ ॥੧॥ ਰਹਾਉ ॥
31553	735	ਸਭੁ ਮੋਹੁ ਮਾਇਆ ਸਰੀਰੁ ਹਰਿ ਕੀਆ ਵਿਚਿ ਦੇਹੀ ਮਾਨੁਖ ਭਗਤਿ ਕਰਾਈ॥		Sabh Mohu Maaeiaa Sareer Har Keeaa Vich Dhaehee Maanukh Bhagath Karaaee ||	The Lord has infused the love of Maya into all bodies; through this human body, there comes the opportunity to worship the Lord with devotion.	ਹੇ ਭਾਈ! ਮਾਇਆ ਦਾ ਸਾਰਾ ਮੋਹ ਪਰਮਾਤਮਾ ਨੇ ਬਣਾਇਆ ਹੈ, ਹਰੇਕ ਸਰੀਰ (ਭੀ) ਪ੍ਰਭੂ ਨੇ ਹੀ ਬਣਾਇਆ ਹੈ। ਮਨੁੱਖ ਸਰੀਰ ਵਿਚ ਭਗਤੀ ਭੀ ਪ੍ਰਭੂ ਆਪ ਹੀ ਕਰਾਂਦਾ ਹੈ।
31554	735	ਇਕਨਾ ਸਤਿਗੁਰੁ ਮੇਲਿ ਸੁਖੁ ਦੇਵਹਿ ਇਕਿ ਮਨਮੁਖਿ ਧੰਧੁ ਪਿਟਾਈ॥੨॥	ਪਿੱਟਾਈ	Eikanaa Sathigur Mael Sukh Dhaevehi Eik Manamukh Dhhandhh Pittaaee ||2||	You unite some with the True Guru, and bless them with peace; while others, the self-willed manmukhs, are engrossed in worldly affairs. ||2||	ਹੇ ਪ੍ਰਭੂ! ਕਈ ਜੀਵਾਂ ਨੂੰ ਤੂੰ ਗੁਰੂ ਮਿਲਾ ਕੇ ਆਤਮਕ ਆਨੰਦ ਬਖ਼ਸ਼ਦਾ ਹੈਂ। ਹੇ ਭਾਈ! ਅਨੇਕਾਂ ਜੀਵ ਐਸੇ ਹਨ ਜੋ ਆਪਣੇ ਮਨ ਦੇ ਪਿੱਛੇ ਤੁਰਦੇ ਹਨ, ਉਹਨਾਂ ਨੂੰ ਉਹ ਆਪ ਹੀ ਮਾਇਆ ਵਿਚ ਫਸਾਈ ਰੱਖਦਾ ਹੈ ॥੨॥

31555	735	ਸਭੁ ਕੋ ਤੇਰਾ ਤੂੰ ਸਭਨਾ ਕਾ ਮੇਰੇ ਕਰਤੇ ਤੁਧੁ ਸਭਨਾ ਸਿਰਿ ਲਿਖਿਆ ਲੇਖੁ॥		Sabh Ko Thaeraa Thoon Sabhanaa Kaa Maerae Karathae Thudhh Sabhanaa Sir Likhiaa Laekh ||	All belong to You, and You belong to all, O my Creator Lord; You wrote the words of destiny on the forehead of everyone.	ਹੇ ਮੇਰੇ ਕਰਤਾਰ! ਹਰੇਕ ਜੀਵ ਤੇਰਾ (ਪੈਦਾ ਕੀਤਾ ਹੋਇਆ) ਹੈ, ਤੂੰ ਸਭ ਜੀਵਾਂ ਦਾ (ਖਸਮ) ਹੈਂ। ਸਭ ਜੀਵਾਂ ਦੇ ਸਿਰ ਉਤੇ ਤੂੰ ਹੀ (ਕਿਰਤ ਦਾ) ਲੇਖ ਲਿਖਿਆ ਹੋਇਆ ਹੈ।
31556	735	ਜੇਹੀ ਤੂੰ ਨਦਰਿ ਕਰਹਿ ਤੇਹਾ ਕੋ ਹੋਵੈ ਬਿਨੁ ਨਦਰੀ ਨਾਹੀ ਕੋ ਭੇਖੁ॥੩॥		Jaehee Thoon Nadhar Karehi Thaehaa Ko Hovai Bin Nadharee Naahee Ko Bhaekh ||3||	As You bestow Your Glance of Grace, so are mortals made; without Your Gracious Glance, no one assumes any form. ||3||	ਉਸ ਲੇਖ (ਅਨੁਸਾਰ) ਜਿਹੋ ਜਿਹੀ ਨਿਗਾਹ ਤੂੰ ਕਿਸੇ ਜੀਵ ਉਤੇ ਕਰਦਾ ਹੈਂ ਉਹੋ ਜਿਹਾ ਉਹ ਬਣ ਜਾਂਦਾ ਹੈ। (ਚਾਹੇ ਕੋਈ ਚੰਗਾ ਹੈ, ਚਾਹੇ ਕੋਈ ਮੰਦਾ ਹੈ) ਤੇਰੀ ਨਿਗਾਹ ਤੋਂ ਬਿਨਾ ਕੋਈ ਭੀ ਜੀਵ (ਚੰਗਾ ਜਾਂ ਮੰਦਾ) ਨਹੀਂ (ਬਣਿਆ) ॥੩॥
31557	735	ਤੇਰੀ ਵਡਿਆਈ ਤੂੰਹੈ ਜਾਣਹਿ ਸਭ ਤੁਧਨੋ ਨਿਤ ਧਿਆਏ॥		Thaeree Vaddiaaee Thoonhai Jaanehi Sabh Thudhhano Nith Dhhiaaeae ||	You alone know Your Glorious Greatness; everyone constantly meditates on You.	ਹੇ ਦਾਸ ਨਾਨਕ (ਆਖ-) ਹੇ ਮੇਰੇ ਕਰਤਾਰ! ਤੂੰ ਕਿਤਨਾ ਵੱਡਾ ਹੈਂ- ਇਹ ਗੱਲ ਤੂੰ ਆਪ ਹੀ ਜਾਣਦਾ ਹੈਂ। ਸਾਰੀ ਲੁਕਾਈ ਸਦਾ ਤੇਰਾ ਧਿਆਨ ਧਰਦੀ ਹੈ।

31558	735	ਜਿਸ ਨੋ ਤੁਧੁ ਭਾਵੈ ਤਿਸ ਨੋ ਤੂੰ ਮੇਲਹਿ ਜਨ ਨਾਨਕ ਸੋ ਥਾਇ ਪਾਏ॥੪॥੨॥੧੩॥		Jis No Thudhh Bhaavai This No Thoon Maelehi Jan Naanak So Thhaae Paaeae ||4||2||13||	That being, with whom You are pleased, is united with You; O servant Nanak, only such a mortal is accepted. ||4||2||13||	ਜਿਸ ਨੂੰ ਤੂੰ ਚਾਹੁੰਦਾ ਹੈਂ ਉਸ ਨੂੰ (ਆਪਣੇ ਚਰਨਾਂ ਵਿਚ) ਤੂੰ ਜੋੜ ਲੈਂਦਾ ਹੈਂ। ਉਹ ਮਨੁੱਖ (ਤੇਰੀ ਦਰਗਾਹ ਵਿਚ) ਕਬੂਲ ਹੋ ਜਾਂਦਾ ਹੈ ॥੪॥੨॥੧੩॥
31559	735	ਸੂਹੀ ਮਹਲਾ ੪॥		Soohee Mehalaa 4 ||	Soohee, Fourth Mehl:	
31560	735	ਜਿਨ ਕੈ ਅੰਤਰਿ ਵਸਿਆ ਮੇਰਾ ਹਰਿ ਹਰਿ ਤਿਨ ਕੇ ਸਭਿ ਰੋਗ ਗਵਾਏ॥		Jin Kai Anthar Vasiaa Maeraa Har Har Thin Kae Sabh Rog Gavaaeae ||	Those beings, within whose inner selves my Lord, Har, Har, dwells - all their diseases are cured.	ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਮੇਰਾ ਹਰਿ-ਪ੍ਰਭੂ ਆ ਵੱਸਦਾ ਹੈ, ਉਹਨਾਂ ਦੇ ਉਹ ਹਰੀ ਸਾਰੇ ਰੋਗ ਦੂਰ ਕਰ ਦੇਂਦਾ ਹੈ।
31561	735	ਤੇ ਮੁਕਤ ਭਏ ਜਿਨ੍ਹ ਹਰਿ ਨਾਮੁ ਧਿਆਇਆ ਤਿਨ ਪਵਿਤੁ ਪਰਮਪਦੁ ਪਾਏ॥੧॥		Thae Mukath Bheae Jin Har Naam Dhhiaaeiaa Thin Pavith Param Padh Paaeae ||1||	They alone become liberated, who meditate on the Name of the Lord; they obtain the supreme status. ||1||	ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਸਿਮਰਿਆ, ਉਹ (ਹਉਮੈ ਆਦਿਕ ਰੋਗਾਂ ਤੋਂ) ਸੁਤੰਤਰ ਹੋ ਗਏ, ਉਹਨਾਂ ਨੇ ਸਭ ਤੋਂ ਉੱਚਾ ਤੇ ਪਵਿਤ੍ਰ ਆਤਮਕ ਦਰਜਾ ਪ੍ਰਾਪਤ ਕਰ ਲਿਆ ॥੧॥

31562	735	ਮੇਰੇ ਰਾਮ ਹਰਿ ਜਨ ਆਰੋਗ ਭਏ॥		Maerae Raam Har Jan Aarog Bheae ||	O my Lord,the Lord's humble servants become healthy.	ਹੇ ਭਾਈ! ਮੇਰੇ ਰਾਮ ਦੇ, ਮੇਰੇ ਹਰੀ ਦੇ, ਦਾਸ (ਹਉਮੈ ਆਦਿਕ ਤੋਂ) ਨਰੋਏ ਹੋ ਗਏ ਹਨ।
31563	735	ਗੁਰ ਬਚਨੀ ਜਿਨ੍ਹਾ ਜਪਿਆ ਮੇਰਾ ਹਰਿ ਹਰਿ ਤਿਨ ਕੇ ਹਉਮੈ ਰੋਗ ਗਏ॥੧॥ਰਹਾਉ॥		Gur Bachanee Jinaa Japiaa Maeraa Har Har Thin Kae Houmai Rog Geae ||1|| Rehaao ||	Those who meditate on my Lord,Har,Har, through the Word of the Guru's Teachings, are rid of the disease of ego. ||1||Pause||	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਬਚਨਾਂ ਉੱਤੇ ਤੁਰ ਕੇ ਮੇਰੇ ਹਰਿ ਪ੍ਰਭੂ ਦਾ ਨਾਮ ਜਪਿਆ ਉਹਨਾਂ ਦੇ ਹਉਮੈ (ਆਦਿਕ) ਰੋਗ ਦੂਰ ਹੋ ਗਏ ॥੧॥ ਰਹਾਉ ॥
31564	735	ਬ੍ਰਹਮਾ ਬਿਸਨੁ ਮਹਾਦੇਉ ਤ੍ਰੈ ਗੁਣ ਰੋਗੀ ਵਿਚਿ ਹਉਮੈ ਕਾਰ ਕਮਾਈ॥		Brehamaa Bisan Mehaadhaeo Thrai Gun Rogee Vich Houmai Kaar Kamaaee ||	Brahma, Vishnu and Shiva suffer from the disease of the three gunas - the three qualities; they do their deeds in egotism.	(ਹੇ ਭਾਈ! ਪੁਰਾਣਾਂ ਦੀਆਂ ਦੱਸੀਆਂ ਸਾਖੀਆਂ ਅਨੁਸਾਰ) ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਦੇ ਕਾਰਨ (ਵੱਡੇ ਦੇਵਤੇ) ਬ੍ਰਹਮਾ, ਵਿਸ਼ਨੂੰ, ਸ਼ਿਵ (ਭੀ) ਰੋਗੀ ਹੀ ਰਹੇ, (ਕਿਉਂਕਿ ਉਹਨਾਂ ਨੇ ਭੀ) ਹਉਮੈ ਵਿਚ ਹੀ ਕਾਰ ਕੀਤੀ।
31565	735	ਜਿਨਿ ਕੀਏ ਤਿਸਹਿ ਨ ਚੇਤਹਿ ਬਪੁੜੇ ਹਰਿ ਗੁਰਮੁਖਿ ਸੋਝੀ ਪਾਈ॥੨॥		Jin Keeeae Thisehi N Chaethehi Bapurrae Har Guramukh Sojhee Paaee ||2||	The poor fools do not remember the One who created them; this understanding of the Lord is only obtained by those who become Gurmukh. ||2||	ਜਿਸ ਪਰਮਾਤਮਾ ਨੇ ਉਹਨਾਂ ਨੂੰ ਪੈਦਾ ਕੀਤਾ ਸੀ, ਉਸ ਨੂੰ ਉਹ ਵਿਚਾਰੇ ਚੇਤਦੇ ਨਾਹ ਰਹੇ। ਹੇ ਭਾਈ! ਪਰਮਾਤਮਾ ਦੀ ਸੂਝ (ਤਾਂ) ਗੁਰੂ ਦੀ ਸਰਨ ਪਿਆਂ ਹੀ ਪੈਂਦੀ ਹੈ ॥੨॥

31566	735	ਹਉਮੈ ਰੋਗਿ ਸਭੁ ਜਗਤੁ ਬਿਆਪਿਆ ਤਿਨ ਕਉ ਜਨਮ ਮਰਣ ਦੁਖੁ ਭਾਰੀ॥	ਜੱਗਤੁ	Houmai Rog Sabh Jagath Biaapiaa Thin Ko Janam Maran Dhukh Bhaaree ||	The entire world is afflicted by the disease of egotism. They suffer the terrible pains of birth and death.	ਹੇ ਭਾਈ! ਸਾਰਾ ਜਗਤ ਹਉਮੈ ਦੇ ਰੋਗ ਵਿਚ ਫਸਿਆ ਰਹਿੰਦਾ ਹੈ (ਤੇ, ਹਉਮੈ ਵਿਚ ਫਸੇ ਹੋਏ) ਉਹਨਾਂ ਮਨੁੱਖਾਂ ਨੂੰ ਜਨਮ ਮਰਨ ਦੇ ਗੇੜ ਦਾ ਭਾਰਾ ਦੁੱਖ ਲੱਗਾ ਰਹਿੰਦਾ ਹੈ।
31567	736	ਗੁਰ ਪਰਸਾਦੀ ਕੋ ਵਿਰਲਾ ਛੂਟੈ ਤਿਸੁ ਜਨ ਕਉ ਹਉ ਬਲਿਹਾਰੀ॥੩॥		Gur Parasaadhee Ko Viralaa Shhoottai This Jan Ko Ho Balihaaree ||3||	By Guru's Grace, a few rare ones are saved; I am a sacrifice to those humble beings. ||3||	ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਨਾਲ (ਇਸ ਹਉਮੈ ਰੋਗ ਤੋਂ) ਖ਼ਲਾਸੀ ਪਾਂਦਾ ਹੈ। ਮੈਂ (ਅਜੇਹੇ) ਉਸ ਮਨੁੱਖ ਤੋਂ ਸਦਕੇ ਜਾਂਦਾ ਹਾਂ ॥੩॥
31568	736	ਜਿਨਿ ਸਿਸਟਿ ਸਾਜੀ ਸੋਈ ਹਰਿ ਜਾਣੈ ਤਾ ਕਾ ਰੂਪੁ ਅਪਾਰੋ॥		Jin Sisatt Saajee Soee Har Jaanai Thaa Kaa Roop Apaaro ||	The One who created the Universe, that Lord alone knows. His beauty is incomparable.	ਹੇ ਭਾਈ! ਜਿਸ ਪਰਮਾਤਮਾ ਨੇ ਇਹ ਸਾਰੀ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹ ਆਪ ਹੀ (ਇਸ ਦੇ ਰੋਗ ਨੂੰ) ਜਾਣਦਾ ਹੈ (ਤੇ, ਦੂਰ ਕਰਦਾ ਹੈ)। ਉਸ ਪਰਮਾਤਮਾ ਦਾ ਸਰੂਪ ਹੱਦ ਬੰਨੇ ਤੋਂ ਪਰੇ ਹੈ।
31569	736	ਨਾਨਕ ਆਪੇ ਵੇਖਿ ਹਰਿ ਬਿਗਸੈ ਗੁਰਮੁਖਿ ਬ੍ਰਹਮ ਬੀਚਾਰੋ॥੪॥੩॥੧੪॥		Naanak Aapae Vaekh Har Bigasai Guramukh Breham Beechaaro ||4||3||14||	O Nanak, the Lord Himself gazes upon it, and is pleased. The Gurmukh contemplates God. ||4||3||14||	ਹੇ ਨਾਨਕ! ਉਹ ਪਰਮਾਤਮਾ ਆਪ ਹੀ (ਆਪਣੀ ਰਚੀ ਸ੍ਰਿਸ਼ਟੀ ਨੂੰ) ਵੇਖ ਕੇ ਖ਼ੁਸ਼ ਹੁੰਦਾ ਹੈ। ਗੁਰੂ ਦੀ ਸਰਨ ਪੈ ਕੇ ਹੀ ਪਰਮਾਤਮਾ ਦੇ ਗੁਣਾਂ ਦੀ ਸੂਝ ਆਉਂਦੀ ਹੈ ॥੪॥੩॥੧੪॥

31570	736	ਸੂਹੀ ਮਹਲਾ ੪॥		Soohee Mehalaa 4 ||	Soohee, Fourth Mehl:	
31571	736	ਕੀਤਾ ਕਰਣਾ ਸਰਬ ਰਜਾਈ ਕਿਛੁ ਕੀਚੈ ਜੇ ਕਰਿ ਸਕੀਐ॥		Keethaa Karanaa Sarab Rajaaee Kishh Keechai Jae Kar Sakeeai ||	All that happens, and all that will happen, is by His Will. If we could do something by ourselves, we would.	ਹੇ ਭਾਈ! ਜੋ ਕੁਝ ਜਗਤ ਵਿਚ ਬਣਿਆ ਹੈ ਜੋ ਕੁਝ ਕਰ ਰਿਹਾ ਹੈ, ਇਹ ਸਭ ਰਜ਼ਾ ਦਾ ਮਾਲਕ ਪਰਮਾਤਮਾ ਕਰ ਰਿਹਾ ਹੈ। ਅਸੀਂ ਜੀਵ (ਤਾਂ ਹੀ) ਕੁਝ ਕਰੀਏ, ਜੇ ਕਰ ਸਕਦੇ ਹੋਵੀਏ।
31572	736	ਆਪਣਾ ਕੀਤਾ ਕਿਛੂ ਨ ਹੋਵੈ ਜਿਉ ਹਰਿ ਭਾਵੈ ਤਿਉ ਰਖੀਐ॥੧॥		Aapanaa Keethaa Kishhoo N Hovai Jio Har Bhaavai Thio Rakheeai ||1||	By ourselves, we cannot do anything at all. As it pleases the Lord, He preserves us. ||1||	ਅਸਾਂ ਜੀਵਾਂ ਦਾ ਕੀਤਾ ਕੁਝ ਨਹੀਂ ਹੋ ਸਕਦਾ। ਜਿਵੇਂ ਪਰਮਾਤਮਾ ਨੂੰ ਚੰਗਾ ਲੱਗਦਾ ਹੈ, ਤਿਵੇਂ ਜੀਵਾਂ ਨੂੰ ਰੱਖਦਾ ਹੈ ॥੧॥
31573	736	ਮੇਰੇ ਹਰਿ ਜੀਉ ਸਭੁ ਕੋ ਤੇਰੈ ਵਸਿ॥	ਵੱਸਿ	Maerae Har Jeeo Sabh Ko Thaerai Vas ||	O my Dear Lord, everything is in Your power.	ਹੇ ਮੇਰੇ ਪ੍ਰਭੂ ਜੀ! ਹਰੇਕ ਜੀਵ ਤੇਰੇ ਵੱਸ ਵਿਚ ਹੈ।
31574	736	ਅਸਾ ਜੋਰੁ ਨਾਹੀ ਜੇ ਕਿਛੁ ਕਰਿ ਹਮ ਸਾਕਹ ਜਿਉ ਭਾਵੈ ਤਿਵੈ ਬਖਸਿ॥੧॥ਰਹਾਉ॥		Asaa Jor Naahee Jae Kishh Kar Ham Saakeh Jio Bhaavai Thivai Bakhas ||1|| Rehaao ||	I have no power to do anything at all. As it pleases You, You forgive us. ||1||Pause||	ਅਸਾਂ ਜੀਵਾਂ ਵਿਚ ਕੋਈ ਸਮਰਥਾ ਨਹੀਂ ਹੈ ਕਿ (ਤੈਥੋਂ ਬਾਹਰਾ) ਕੁਝ ਕਰ ਸਕੀਏ। ਹੇ ਪ੍ਰਭੂ! ਜਿਵੇਂ ਤੈਨੂੰ ਚੰਗਾ ਲੱਗੇ, ਸਾਡੇ ਉਤੇ ਮੇਹਰ ਕਰ ॥੧॥ ਰਹਾਉ ॥

31575	736	ਸਭੁ ਜੀਉ ਪਿੰਡੁ ਦੀਆ ਤੁਧੁ ਆਪੇ ਤੁਧੁ ਆਪੇ ਕਾਰੈ ਲਾਇਆ॥		Sabh Jeeo Pindd Dheeaa Thudhh Aapae Thudhh Aapae Kaarai Laaeiaa ||	You Yourself bless us with soul, body and everything. You Yourself cause us to act.	ਹੇ ਪ੍ਰਭੂ! ਇਹ ਜਿੰਦ, ਇਹ ਸਰੀਰ, ਸਭ ਕੁਝ (ਹਰੇਕ ਜੀਵ ਨੂੰ) ਤੂੰ ਆਪ ਹੀ ਦਿੱਤਾ ਹੈ, ਤੂੰ ਆਪ ਹੀ (ਹਰੇਕ ਜੀਵ ਨੂੰ) ਕੰਮ ਵਿਚ ਲਾਇਆ ਹੋਇਆ ਹੈ।
31576	736	ਜੇਹਾ ਤੂੰ ਹੁਕਮੁ ਕਰਹਿ ਤੇਹੇ ਕੋ ਕਰਮ ਕਮਾਵੈ ਜੇਹਾ ਤੁਧੁ ਧੁਰਿ ਲਿਖਿ ਪਾਇਆ॥੨॥		Jaehaa Thoon Hukam Karehi Thaehae Ko Karam Kamaavai Jaehaa Thudhh Dhhur Likh Paaeiaa ||2||	As You issue Your Commands, so do we act, according to our pre-ordained destiny. ||2||	ਜਿਹੋ ਜਿਹਾ ਹੁਕਮ ਤੂੰ ਕਰਦਾ ਹੈਂ, ਜੀਵ ਉਹੋ ਜਿਹਾ ਹੀ ਕੰਮ ਕਰਦਾ ਹੈ (ਜੀਵ ਉਹੋ ਜਿਹਾ ਬਣਦਾ ਹੈ) ਜਿਹੋ ਜਿਹਾ ਤੂੰ ਧੁਰ ਦਰਗਾਹ ਤੋਂ (ਉਸ ਦੇ ਮੱਥੇ ਉਤੇ) ਲੇਖ ਲਿਖ ਕੇ ਰੱਖ ਦਿੱਤਾ ਹੈ ॥੨॥
31577	736	ਪੰਚ ਤਤੁ ਕਰਿ ਤੁਧੁ ਸ੍ਰਿਸਟਿ ਸਭ ਸਾਜੀ ਕੋਈ ਛੇਵਾ ਕਰਿਉ ਜੇ ਕਿਛੁ ਕੀਤਾ ਹੋਵੈ॥		Panch Thath Kar Thudhh Srisatt Sabh Saajee Koee Shhaevaa Kario Jae Kishh Keethaa Hovai ||	You created the entire Universe out of the five elements; if anyone can create a sixth, let him.	ਹੇ ਪ੍ਰਭੂ! ਤੂੰ ਪੰਜ ਤੱਤ ਬਣਾ ਕੇ ਸਾਰੀ ਦੁਨੀਆ ਪੈਦਾ ਕੀਤੀ ਹੈ। ਜੇ (ਤੈਥੋਂ ਬਾਹਰਾ) ਜੀਵ ਪਾਸੋਂ ਕੁਝ ਹੋ ਸਕਦਾ ਹੋਵੇ, ਤਾਂ ਉਹ ਬੇਸ਼ੱਕ ਛੇਵਾਂ ਤੱਤ ਬਣਾ ਕੇ ਵਿਖਾ ਦੇਵੇ।

31578	736	ਇਕਨਾ ਸਤਿਗੁਰੁ ਮੇਲਿ ਤੂੰ ਬੁਝਾਵਹਿ ਇਕਿ ਮਨਮੁਖਿ ਕਰਹਿ ਸਿ ਰੋਵੈ॥੩॥	ਬੁੱਝਾਵਹਿ	Eikanaa Sathigur Mael Thoon Bujhaavehi Eik Manamukh Karehi S Rovai ||3||	You unite some with the True Guru, and cause them to understand, while others, the self-willed manmukhs, do their deeds and cry out in pain. ||3||	ਹੇ ਪ੍ਰਭੂ! ਕਈ ਜੀਵਾਂ ਨੂੰ ਤੂੰ ਗੁਰੂ ਮਿਲਾ ਕੇ ਆਤਮਕ ਜੀਵਨ ਦੀ ਸੂਝ ਬਖ਼ਸ਼ਦਾ ਹੈਂ। ਕਈ ਜੀਵਾਂ ਨੂੰ ਤੂੰ ਆਪਣੇ ਹੀ ਮਨ ਦੇ ਪਿੱਛੇ ਤੁਰਨ ਵਾਲਾ ਬਣਾ ਦੇਂਦਾ ਹੈਂ। ਫਿਰ ਉਹ (ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ) ਦੁੱਖੀ ਹੁੰਦਾ ਰਹਿੰਦਾ ਹੈ ॥੩॥
31579	736	ਹਰਿ ਕੀ ਵਡਿਆਈ ਹਉ ਆਖਿ ਨ ਸਾਕਾ ਹਉ ਮੂਰਖੁ ਮੁਗਧੁ ਨੀਚਾਣੁ॥	ਸਾਕਾਂ	Har Kee Vaddiaaee Ho Aakh N Saakaa Ho Moorakh Mugadhh Neechaan ||	I cannot describe the glorious greatness of the Lord; I am foolish, thoughtless, idiotic and lowly.	ਹੇ ਭਾਈ! ਮੈਂ (ਤਾਂ) ਮੂਰਖ ਹਾਂ, ਨੀਵੇਂ ਜੀਵਨ ਵਾਲਾ ਹਾਂ, ਮੈਂ ਪਰਮਾਤਮਾ ਦੀ ਬਜ਼ੁਰਗੀ ਬਿਆਨ ਨਹੀਂ ਕਰ ਸਕਦਾ।
31580	736	ਜਨ ਨਾਨਕ ਕਉ ਹਰਿ ਬਖਸਿ ਲੈ ਮੇਰੇ ਸੁਆਮੀ ਸਰਣਾਗਤਿ ਪਇਆ ਅਜਾਣੁ॥੪॥੪॥੧੫॥੨੪॥	ਸਰ-ਣਾਗਤਿ	Jan Naanak Ko Har Bakhas Lai Maerae Suaamee Saranaagath Paeiaa Ajaan ||4||4||15||24||	Please, forgive servant Nanak, O my Lord and Master; I am ignorant, but I have entered Your Sanctuary. ||4||4||15||24||	ਹੇ ਹਰੀ! ਦਾਸ ਨਾਨਕ ਉਤੇ ਮੇਹਰ ਕਰ, (ਇਹ) ਅੰਞਾਣ ਦਾਸ ਤੇਰੀ ਸਰਨ ਆ ਪਿਆ ਹੈ ॥੪॥੪॥੧੫॥੨੪॥

31581	736	ਰਾਗੁ ਸੂਹੀ ਮਹਲਾ ੫ ਘਰੁ ੧		Raag Soohee Mehalaa 5 Ghar 1	Raag Soohee, Fifth Mehl, First House:	ਰਾਗ ਸੂਹੀ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
31582	736	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31583	736	ਬਾਜੀਗਰਿ ਜੈਸੇ ਬਾਜੀ ਪਾਈ॥		Baajeegar Jaisae Baajee Paaee ||	The actor stages the play,	ਹੇ ਭਾਈ! ਜਿਵੇਂ ਕਿਸੇ ਬਾਜ਼ੀਗਰ ਨੇ (ਕਦੇ) ਬਾਜ਼ੀ ਪਾ ਕੇ ਵਿਖਾਈ ਹੋਵੇ,
31584	736	ਨਾਨਾ ਰੂਪ ਭੇਖ ਦਿਖਲਾਈ॥		Naanaa Roop Bhaekh Dhikhalaaee ||	Playing the many characters in different costumes;	ਉਹ ਕਈ ਕਿਸਮਾਂ ਦੇ ਰੂਪ ਤੇ ਭੇਖ ਵਿਖਾਂਦਾ ਹੈ (ਇਸੇ ਤਰ੍ਹਾਂ ਪਰਮਾਤਮਾ ਨੇ ਇਹ ਜਗਤ-ਤਮਾਸ਼ਾ ਰਚਿਆ ਹੋਇਆ ਹੈ। ਇਸ ਵਿਚ ਅਨੇਕਾਂ ਰੂਪ ਭੇਖ ਵਿਖਾ ਰਿਹਾ ਹੈ)।
31585	736	ਸਾਂਗੁ ਉਤਾਰਿ ਥੰਮ੍ਹਿਓ ਪਾਸਾਰਾ॥		Saang Outhaar Thhanmihou Paasaaraa ||	But when the play ends, he takes off the costumes,	ਜਦੋਂ ਪ੍ਰਭੂ ਆਪਣੀ ਇਹ (ਜਗਤ-ਰੂਪ) ਨਕਲੀ ਸ਼ਕਲ ਲਾਹ ਕੇ ਖੇਡ ਦਾ ਖਿਲਾਰਾ ਰੋਕ ਦੇਂਦਾ ਹੈ,
31586	736	ਤਬ ਏਕੋ ਏਕੰਕਾਰਾ॥੧॥		Thab Eaeko Eaekankaaraa ||1||	And then he is one, and only one. ||1||	ਤਦੋਂ ਇਕ ਆਪ ਹੀ ਆਪ ਰਹਿ ਜਾਂਦਾ ਹੈ ॥੧॥
31587	736	ਕਵਨ ਰੂਪ ਦਿਸਟਿਓ ਬਿਨਸਾਇਓ॥		Kavan Roop Dhrisattiou Binasaaeiou ||	How many forms and images appeared and disappeared?	ਹੇ ਭਾਈ! (ਪਰਮਾਤਮਾ ਦੇ) ਅਨੇਕਾਂ ਹੀ ਰੂਪ ਦਿੱਸਦੇ ਰਹਿੰਦੇ ਹਨ, ਅਨੇਕਾਂ ਹੀ ਰੂਪ ਨਾਸ ਹੁੰਦੇ ਰਹਿੰਦੇ ਹਨ।

31588	736	ਕਤਹਿ ਗਇਓ ਉਹੁ ਕਤ ਤੇ ਆਇਓ॥੧॥ਰਹਾਉ ॥		Kathehi Gaeiou Ouhu Kath Thae Aaeiou ||1|| Rehaao ||	Where have they gone? Where did they come from? ||1||Pause||	(ਕੋਈ ਨਹੀਂ ਦੱਸ ਸਕਦਾ ਕਿ) ਜੀਵ ਕਿੱਥੋਂ ਆਇਆ ਸੀ, ਤੇ, ਕਿੱਥੇ ਚਲਾ ਜਾਂਦਾ ਹੈ ॥੧॥ ਰਹਾਉ ॥
31589	736	ਜਲ ਤੇ ਊਠਹਿ ਅਨਿਕ ਤਰੰਗਾ॥		Jal Thae Oothehi Anik Tharangaa ||	Countless waves rise up from the water.	ਹੇ ਭਾਈ! ਪਾਣੀ ਤੋਂ ਅਨੇਕਾਂ ਲਹਿਰਾਂ ਉਠਦੀਆਂ ਹਨ (ਮੁੜ ਪਾਣੀ ਵਿਚ ਰਲ ਜਾਂਦੀਆਂ ਹਨ)।
31590	736	ਕਨਿਕ ਭੂਖਨ ਕੀਨੇ ਬਹੁ ਰੰਗਾ॥		Kanik Bhookhan Keenae Bahu Rangaa ||	Jewels and ornaments of many different forms are fashioned from gold.	ਸੋਨੇ ਤੋਂ ਕਈ ਕਿਸਮਾਂ ਦੇ ਗਹਿਣੇ ਘੜੇ ਜਾਂਦੇ ਹਨ (ਉਹ ਅਸਲ ਵਿਚ ਸੋਨਾ ਹੀ ਹੁੰਦੇ ਹਨ)।
31591	736	ਬੀਜੁ ਬੀਜਿ ਦੇਖਿਓ ਬਹੁ ਪਰਕਾਰਾ॥		Beej Beej Dhaekhiou Bahu Parakaaraa ||	I have seen seeds of all kinds being planted	(ਕਿਸੇ ਰੁੱਖ ਦਾ) ਬੀ ਬੀਜ ਕੇ (ਸ਼ਾਖ਼ਾਂ ਪੱਤੇ ਆਦਿਕ ਉਸ ਦਾ) ਕਈ ਕਿਸਮਾਂ ਦਾ ਸਰੂਪ ਵੇਖਣ ਵਿਚ ਆ ਜਾਂਦਾ ਹੈ।
31592	736	ਫਲ ਪਾਕੇ ਤੇ ਏਕੰਕਾਰਾ॥੨॥		Fal Paakae Thae Eaekankaaraa ||2||	- when the fruit ripens, the seeds appear in the same form as the original. ||2||	(ਰੁੱਖ ਦੇ) ਫਲ ਪੱਕਣ ਤੇ (ਉਹੀ ਪਹਿਲੀ ਕਿਸਮ ਦੇ ਬੀਜ ਬਣ ਜਾਂਦੇ ਹਨ) (ਤਿਵੇਂ ਇਸ ਬਹੁ-ਰੰਗੀ ਸੰਸਾਰ ਦਾ ਅਸਲਾ) ਇਕ ਪਰਮਾਤਮਾ ਹੀ ਹੈ ॥੨॥
31593	736	ਸਹਸ ਘਟਾ ਮਹਿ ਏਕੁ ਆਕਾਸੁ॥		Sehas Ghattaa Mehi Eaek Aakaas ||	The one sky is reflected in thousands of water jugs,	ਹੇ ਭਾਈ! ਇਕੋ ਆਕਾਸ਼ (ਪਾਣੀ ਨਾਲ ਭਰੇ ਹੋਏ) ਹਜ਼ਾਰਾਂ ਘੜਿਆਂ ਵਿਚ (ਵਖ ਵਖ ਦਿੱਸਦਾ ਹੈ)।

31594	736	ਘਟ ਫੂਟੇ ਤੇ ਓਹੀ ਪ੍ਰਗਾਸੁ॥	ਘਟ:ਪੋਲਾ ਬੋਲੋ। ਫੁੱਟੇ	Ghatt Foottae Thae Ouhee Pragaas ||	But when the jugs are broken, only the sky remains.	ਜਦੋਂ ਘੜੇ ਟੁੱਟ ਜਾਂਦੇ ਹਨ, ਤਾਂ ਉਹ (ਆਕਾਸ਼) ਹੀ ਦਿੱਸਦਾ ਰਹਿ ਜਾਂਦਾ ਹੈ।
31595	736	ਭਰਮ ਲੋਭ ਮੋਹ ਮਾਇਆ ਵਿਕਾਰ॥		Bharam Lobh Moh Maaeiaa Vikaar ||	Doubt comes from greed, emotional attachment and the corruption of Maya.	ਮਾਇਆ ਦੇ ਭ੍ਰਮ ਦੇ ਕਾਰਨ (ਪਰਮਾਤਮਾ ਦੀ ਅੰਸ਼ ਜੀਵਾਤਮਾ ਵਿਚ) ਭਟਕਣਾ, ਲੋਭ ਮੋਹ ਆਦਿਕ ਵਿਕਾਰ ਉੱਠਦੇ ਹਨ।
31596	736	ਭ੍ਰਮ ਛੂਟੇ ਤੇ ਏਕੰਕਾਰ॥੩॥		Bhram Shhoottae Thae Eaekankaar ||3||	Freed from doubt, one realizes the One Lord alone. ||3||	ਭ੍ਰਮ ਮਿਟ ਜਾਣ ਨਾਲ ਇਕ ਪਰਮਾਤਮਾ ਦਾ ਹੀ ਰੂਪ ਹੋ ਜਾਂਦਾ ਹੈ ॥੩॥
31597	736	ਓਹੁ ਅਬਿਨਾਸੀ ਬਿਨਸਤ ਨਾਹੀ॥		Ouhu Abinaasee Binasath Naahee ||	He is imperishable; He will never pass away.	ਹੇ ਭਾਈ! ਉਹ ਪਰਮਾਤਮਾ ਨਾਸ-ਰਹਿਤ ਹੈ, ਉਸ ਕਦੇ ਨਾਸ ਨਹੀਂ ਹੁੰਦਾ।
31598	736	ਨਾ ਕੋ ਆਵੈ ਨਾ ਕੋ ਜਾਹੀ॥		Naa Ko Aavai Naa Ko Jaahee ||	He does not come, and He does not go.	(ਉਹ ਪ੍ਰਭੂ ਜੀਵਾਤਮਾ ਰੂਪ ਹੋ ਕੇ ਭੀ) ਨਾਹ ਕੋਈ ਆਤਮਾ ਜੰਮਦਾ ਹੈ, ਨਾਹ ਕੋਈ ਆਤਮਾ ਮਰਦਾ ਹੈ।
31599	736	ਗੁਰਿ ਪੂਰੈ ਹਉਮੈ ਮਲੁ ਧੋਈ॥		Gur Poorai Houmai Mal Dhhoee ||	The Perfect Guru has washed away the filth of ego.	ਪੂਰੇ ਗੁਰੂ ਨੇ (ਮੇਰੇ ਅੰਦਰੋਂ) ਹਉਮੈ ਦੀ ਮੈਲ ਧੋ ਦਿੱਤੀ ਹੈ,
31600	736	ਕਹੁ ਨਾਨਕ ਮੇਰੀ ਪਰਮਗਤਿ ਹੋਈ॥੪॥੧॥		Kahu Naanak Maeree Param Gath Hoee ||4||1||	Says Nanak, I have obtained the supreme status. ||4||1||	ਨਾਨਕ ਆਖਦਾ ਹੈ- ਹੁਣ ਮੇਰੀ ਉੱਚੀ ਆਤਮਕ ਅਵਸਥਾ ਬਣ ਗਈ ਹੈ (ਤੇ, ਮੈਨੂੰ ਇਹ ਜਗਤ ਉਸ ਪਰਮਾਤਮਾ ਦਾ ਆਪਣਾ ਹੀ ਰੂਪ ਦਿੱਸ ਰਿਹਾ ਹੈ) ॥੪॥੧॥
31601	736	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	

31602	736	ਕੀਤਾ ਲੋੜਹਿ ਸੋ ਪ੍ਰਭ ਹੋਇ॥		Keethaa Lorrehi So Prabh Hoe ||	Whatever God wills, that alone happens.	ਹੇ ਪ੍ਰਭੂ! ਜੋ ਕੁਝ ਤੂੰ ਕਰਨਾ ਚਾਹੁੰਦਾ ਹੈਂ। (ਜਗਤ ਵਿਚ) ਉਹੀ ਕੁਝ ਹੁੰਦਾ ਹੈ,
31603	736	ਤੁਝ ਬਿਨੁ ਦੂਜਾ ਨਾਹੀ ਕੋਇ॥		Thujh Bin Dhoojaa Naahee Koe ||	Without You, there is no other at all.	(ਕਿਉਂਕਿ) ਤੈਥੋਂ ਬਿਨਾ (ਕੁਝ ਕਰ ਸਕਣ ਵਾਲਾ) ਹੋਰ ਕੋਈ ਨਹੀਂ ਹੈ।
31604	736	ਜੋ ਜਨੁ ਸੇਵੇ ਤਿਸੁ ਪੂਰਨ ਕਾਜ॥		Jo Jan Saevae This Pooran Kaaj ||	The humble being serves Him, and so all his works are perfectly successful.	ਜੇਹੜਾ ਸੇਵਕ ਤੇਰੀ ਸਰਨ ਆਉਂਦਾ ਹੈ, ਉਸ ਦੇ ਸਾਰੇ ਕੰਮ ਸਫਲ ਹੋ ਜਾਂਦੇ ਹਨ।
31605	736	ਦਾਸ ਅਪੁਨੇ ਕੀ ਰਾਖਹੁ ਲਾਜ॥੧॥		Dhaas Apunae Kee Raakhahu Laaj ||1||	O Lord, please preserve the honor of Your slaves. ||1||	ਤੂੰ ਆਪਣੇ ਸੇਵਕ ਦੀ ਇੱਜ਼ਤ ਆਪ ਰੱਖਦਾ ਹੈਂ ॥੧॥
31606	736	ਤੇਰੀ ਸਰਣਿ ਪੂਰਨ ਦਇਆਲਾ॥		Thaeree Saran Pooran Dhaeiaalaa ||	I seek Your Sanctuary, O Perfect, Merciful Lord.	ਹੇ ਸਦਾ ਦਇਆਵਾਨ ਰਹਿਣ ਵਾਲੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ।
31607	736	ਤੁਝ ਬਿਨੁ ਕਵਨੁ ਕਰੇ ਪ੍ਰਤਿਪਾਲਾ॥੧॥ਰਹਾਉ॥		Thujh Bin Kavan Karae Prathipaalaa ||1|| Rehaao ||	Without You, who would cherish and love me? ||1||Pause||	ਤੈਥੋਂ ਬਿਨਾ ਅਸਾਂ ਜੀਵਾਂ ਦੀ ਪਾਲਣਾ ਹੋਰ ਕੋਈ ਨਹੀਂ ਕਰ ਸਕਦਾ ॥੧॥ ਰਹਾਉ ॥
31608	736	ਜਲਿ ਥਲਿ ਮਹੀਅਲਿ ਰਹਿਆ ਭਰਪੂਰਿ॥		Jal Thhal Meheeal Rehiaa Bharapoor ||	He is permeating and pervading the water, the land and the sky.	ਹੇ ਭਾਈ! ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ, ਹਰ ਥਾਂ ਪਰਮਾਤਮਾ ਮੌਜੂਦ ਹੈ।
31609	736	ਨਿਕਟਿ ਵਸੈ ਨਾਹੀ ਪ੍ਰਭੁ ਦੂਰਿ॥		Nikatt Vasai Naahee Prabh Dhoor ||	God dwells near at hand; He is not far away.	(ਹਰੇਕ ਜੀਵ ਦੇ) ਨੇੜੇ ਵੱਸਦਾ ਹੈ (ਕਿਸੇ ਤੋਂ ਭੀ) ਪ੍ਰਭੂ ਦੂਰ ਨਹੀਂ ਹੈ।

31610	736	ਲੋਕ ਪਤੀਆਰੈ ਕਛੂ ਨ ਪਾਈਐ॥		Lok Patheeaarai Kashhoo N Paaeeai ||	By trying to please other people, nothing is accomplished.	ਪਰ ਨਿਰਾ ਲੋਕਾਂ ਦੀਆਂ ਨਜ਼ਰਾਂ ਵਿਚ ਚੰਗਾ ਬਣਨ ਨਾਲ (ਉਸ ਪਰਮਾਤਮਾ ਦੇ ਦਰ ਤੋਂ ਆਤਮਕ ਜੀਵਨ ਦੀ ਦਾਤ ਦਾ) ਕੁਝ ਭੀ ਨਹੀਂ ਮਿਲਦਾ।
31611	736	ਸਾਚਿ ਲਗੈ ਤਾ ਹਉਮੈ ਜਾਈਐ॥੨॥		Saach Lagai Thaa Houmai Jaaeeai ||2||	When someone is attached to the True Lord, his ego is taken away. ||2||	ਜਦੋਂ ਮਨੁੱਖ ਉਸ ਸਦਾ-ਥਿਰ ਪ੍ਰਭੂ ਵਿਚ ਲੀਨ ਹੁੰਦਾ ਹੈ, ਤਦੋਂ (ਇਸ ਦੇ ਅੰਦਰੋਂ) ਹਉਮੈ ਦੂਰ ਹੋ ਜਾਂਦੀ ਹੈ ॥੨॥
31612	737	ਜਿਸ ਨੋ ਲਾਇ ਲਏ ਸੋ ਲਾਗੈ॥		Jis No Laae Leae So Laagai ||	He alone is attached, whom the Lord Himself attaches.	ਹੇ ਭਾਈ! ਉਹੀ ਮਨੁੱਖ ਪ੍ਰਭੂ (ਦੇ ਚਰਨਾਂ) ਵਿਚ ਲੀਨ ਹੁੰਦਾ ਹੈ, ਜਿਸ ਨੂੰ ਪ੍ਰਭੂ ਆਪ (ਆਪਣੇ ਚਰਨਾਂ ਵਿਚ) ਜੋੜਦਾ ਹੈ।
31613	737	ਗਿਆਨ ਰਤਨੁ ਅੰਤਰਿ ਤਿਸੁ ਜਾਗੈ॥		Giaan Rathan Anthar This Jaagai ||	The jewel of spiritual wisdom is awakened deep within.	ਉਸ ਮਨੁੱਖ ਦੇ ਅੰਦਰ ਰਤਨ (ਵਰਗੀ ਕੀਮਤੀ) ਆਤਮਕ ਜੀਵਨ ਦੀ ਸੂਝ ਉੱਘੜ ਪੈਂਦੀ ਹੈ।
31614	737	ਦੁਰਮਤਿ ਜਾਇ ਪਰਮਪਦੁ ਪਾਏ॥		Dhuramath Jaae Param Padh Paaeae ||	Evil-mindedness is eradicated, and the supreme status is attained.	(ਉਸ ਮਨੁੱਖ ਦੇ ਅੰਦਰੋਂ) ਖੋਟੀ ਮਤਿ ਦੂਰ ਹੋ ਜਾਂਦੀ ਹੈ, ਉਹ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲੈਂਦਾ ਹੈ।
31615	737	ਗੁਰ ਪਰਸਾਦੀ ਨਾਮੁ ਧਿਆਏ॥੩॥		Gur Parasaadhee Naam Dhhiaaeae ||3||	By Guru's Grace, meditate on the Naam, the Name of the Lord. ||3||	ਗੁਰੂ ਦੀ ਕਿਰਪਾ ਨਾਲ ਉਹ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ ॥੩॥

31616	737	ਦੁਇ ਕਰ ਜੋੜਿ ਕਰਉ ਅਰਦਾਸਿ॥		Dhue Kar Jorr Karo Aradhaas ||	Pressing my palms together, I offer my prayer;	(ਹੇ ਪ੍ਰਭੂ!) ਮੈਂ (ਆਪਣੇ) ਦੋਵੇਂ ਹੱਥ ਜੋੜ ਕੇ (ਤੇਰੇ ਦਰ ਤੇ) ਅਰਦਾਸ ਕਰਦਾ ਹਾਂ।
31617	737	ਤੁਧੁ ਭਾਵੈ ਤਾ ਆਣਹਿ ਰਾਸਿ॥		Thudhh Bhaavai Thaa Aanehi Raas ||	If it pleases You, Lord, please bless me and fulfill me.	ਜਦੋਂ ਤੈਨੂੰ ਚੰਗਾ ਲੱਗੇ (ਤੇਰੀ ਰਜ਼ਾ ਹੋਵੇ) ਤਦੋਂ ਹੀ ਤੂੰ ਉਸ ਅਰਦਾਸ ਨੂੰ ਸਫਲ ਕਰਦਾ ਹੈਂ।
31618	737	ਕਰਿ ਕਿਰਪਾ ਅਪਨੀ ਭਗਤੀ ਲਾਇ॥		Kar Kirapaa Apanee Bhagathee Laae ||	Grant Your Mercy, Lord, and bless me with devotion.	ਹੇ ਭਾਈ! ਕਿਰਪਾ ਕਰ ਕੇ ਪਰਮਾਤਮਾ (ਜਿਸ ਮਨੁੱਖ ਨੂੰ) ਆਪਣੀ ਭਗਤੀ ਵਿਚ ਜੋੜਦਾ ਹੈ,
31619	737	ਜਨ ਨਾਨਕ ਪ੍ਰਭੁ ਸਦਾ ਧਿਆਇ॥੪॥੨॥		Jan Naanak Prabh Sadhaa Dhhiaae ||4||2||	Servant Nanak meditates on God forever. ||4||2||	ਹੇ ਦਾਸ ਨਾਨਕ! (ਆਖ-) ਉਹ ਉਸ ਨੂੰ ਸਦਾ ਸਿਮਰਦਾ ਰਹਿੰਦਾ ਹੈ ॥੪॥੨॥
31620	737	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31621	737	ਧਨੁ ਸੋਹਾਗਨਿ ਜੋ ਪ੍ਰਭੂ ਪਛਾਨੈ॥		Dhhan Sohaagan Jo Prabhoo Pashhaanai ||	Blessed is that soul-bride, who realizes God.	ਹੇ ਸਹੇਲੀਏ! ਉਹ ਜੀਵ-ਇਸਤ੍ਰੀ ਸਲਾਹੁਣ-ਜੋਗ ਹੈ, ਸੁਹਾਗ-ਭਾਗ ਵਾਲੀ ਹੈ, ਜੇਹੜੀ ਪ੍ਰਭੂ-ਪਤੀ ਨਾਲ ਸਾਂਝ ਬਣਾਂਦੀ ਹੈ,
31622	737	ਮਾਨੈ ਹੁਕਮੁ ਤਜੈ ਅਭਿਮਾਨੈ॥		Maanai Hukam Thajai Abhimaanai ||	She obeys the Hukam of His Order, and abandons her self-conceit.	ਜੇਹੜੀ ਅਹੰਕਾਰ ਛੱਡ ਕੇ ਪ੍ਰਭੂ-ਪਤੀ ਦਾ ਹੁਕਮ ਮੰਨਦੀ ਰਹਿੰਦੀ ਹੈ।

31623	737	ਪ੍ਰਿਅ ਸਿਉ ਰਾਤੀ ਰਲੀਆ ਮਾਨੈ॥੧॥		Pria Sio Raathee Raleeaa Maanai ||1||	Imbued with her Beloved, she celebrates in delight. ||1||	ਉਹ ਜੀਵ-ਇਸਤ੍ਰੀ ਪਭੂ-ਪਤੀ (ਦੇ ਪਿਆਰ-ਰੰਗ) ਵਿਚ ਰੰਗੀ ਹੋਈ ਉਸ ਦੇ ਮਿਲਾਪ ਦਾ ਆਤਮਕ ਆਨੰਦ ਮਾਣਦੀ ਰਹਿੰਦੀ ਹੈ ॥੧॥
31624	737	ਸੁਨਿ ਸਖੀਏ ਪ੍ਰਭ ਮਿਲਣ ਨੀਸਾਨੀ॥		Sun Sakheeeae Prabh Milan Neesaanee ||	Listen, O my companions - these are the signs on the Path to meet God.	ਹੇ ਸਹੇਲੀਏ! ਪਰਮਾਤਮਾ ਨੂੰ ਮਿਲਣ ਦੀ ਨਿਸ਼ਾਨੀ (ਮੈਥੋਂ) ਸੁਣ ਲੈ।
31625	737	ਮਨੁ ਤਨੁ ਅਰਪਿ ਤਜਿ ਲਾਜ ਲੋਕਾਨੀ॥੧॥ਰਹਾਉ ॥		Man Than Arap Thaj Laaj Lokaanee ||1|| Rehaao ||	Dedicate your mind and body to Him; stop living to please others. ||1||Pause||	(ਉਹ ਨਿਸ਼ਾਨੀ ਉਹ ਤਰੀਕਾ ਇਹ ਹੈ ਕਿ) ਲੋਕ-ਲਾਜ ਦੀ ਖ਼ਾਤਰ ਕੰਮ ਕਰਨੇ ਛੱਡ ਕੇ ਆਪਣਾ ਮਨ ਆਪਣਾ ਸਰੀਰ ਪਰਮਾਤਮਾ ਦੇ ਹਵਾਲੇ ਕਰ ਦੇਹ ॥੧॥ ਰਹਾਉ ॥
31626	737	ਸਖੀ ਸਹੇਲੀ ਕਉ ਸਮਝਾਵੈ॥		Sakhee Sehaelee Ko Samajhaavai ||	One soul-bride counsels another,	(ਇਕ ਸਤਸੰਗੀ) ਸਹੇਲੀ (ਦੂਜੇ ਸਤਸੰਗੀ) ਸਹੇਲੀ ਨੂੰ (ਪ੍ਰਭੂ-ਪਤੀ ਦੇ ਮਿਲਾਪ ਦੇ ਤਰੀਕੇ ਬਾਰੇ) ਸਮਝਾਂਦੀ ਹੈ (ਤੇ ਆਖਦੀ ਹੈ ਕਿ)
31627	737	ਸੋਈ ਕਮਾਵੈ ਜੋ ਪ੍ਰਭ ਭਾਵੈ॥		Soee Kamaavai Jo Prabh Bhaavai ||	To do only that which pleases God.	ਜੇਹੜੀ ਜੀਵ-ਇਸਤ੍ਰੀ ਉਹੀ ਕੁਝ ਕਰਦੀ ਹੈ ਜੋ ਪ੍ਰਭੂ-ਪਤੀ ਨੂੰ ਪਸੰਦ ਆ ਜਾਂਦਾ ਹੈ,
31628	737	ਸਾ ਸੋਹਾਗਣਿ ਅੰਕਿ ਸਮਾਵੈ॥੨॥		Saa Sohaagan Ank Samaavai ||2||	Such a soul-bride merges into the Being of God. ||2||	ਉਹ ਸੁਹਾਗ-ਭਾਗ ਵਾਲੀ ਜੀਵ-ਇਸਤ੍ਰੀ ਉਸ ਪ੍ਰਭੂ ਦੇ ਚਰਨਾਂ ਵਿਚ ਲੀਨ ਰਹਿੰਦੀ ਹੈ ॥੨॥

31629	737	ਗਰਬਿ ਗਹੇਲੀ ਮਹਲੁ ਨ ਪਾਵੈ॥		Garab Gehaelee Mehal N Paavai ||	One who is in the grip of pride does not obtain the Mansion of the Lord's Presence.	(ਪਰ) ਜੇਹੜੀ ਜੀਵ-ਇਸਤ੍ਰੀ ਅਹੰਕਾਰ ਵਿਚ ਫਸੀ ਰਹਿੰਦੀ ਹੈ, ਉਹ ਪ੍ਰਭੂ-ਪਤੀ ਦੇ ਚਰਨਾਂ ਵਿਚ ਥਾਂ ਪ੍ਰਾਪਤ ਨਹੀਂ ਕਰ ਸਕਦੀ।
31630	737	ਫਿਰਿ ਪਛੁਤਾਵੈ ਜਬ ਰੈਣਿ ਬਿਹਾਵੈ॥		Fir Pashhuthaavai Jab Rain Bihaavai ||	She regrets and repents, when her life-night passes away.	ਜਦੋਂ (ਜ਼ਿੰਦਗੀ ਦੀ) ਰਾਤ ਬੀਤ ਜਾਂਦੀ ਹੈ, ਤਦੋਂ ਉਹ ਪਛੁਤਾਂਦੀ ਹੈ।
31631	737	ਕਰਮਹੀਣਿ ਮਨਮੁਖਿ ਦੁਖੁ ਪਾਵੈ॥੩॥		Karameheen Manamukh Dhukh Paavai ||3||	The unfortunate self-willed manmukhs suffer in pain. ||3||	ਆਪਣੇ ਹੀ ਮਨ ਦੇ ਪਿੱਛੇ ਤੁਰਨ ਵਾਲੀ ਉਹ ਮੰਦ-ਭਾਗਣ ਜੀਵ-ਇਸਤ੍ਰੀ ਸਦਾ ਦੁੱਖ ਪਾਂਦੀ ਰਹਿੰਦੀ ਹੈ ॥੩॥
31632	737	ਬਿਨਉ ਕਰੀ ਜੇ ਜਾਣਾ ਦੂਰਿ॥		Bino Karee Jae Jaanaa Dhoor ||	I pray to God, but I think that He is far away.	ਹੇ ਭਾਈ! (ਲੋਕ-ਲਾਜ ਦੀ ਖ਼ਾਤਰ ਮੈਂ ਤਾਂ ਹੀ ਪਰਮਾਤਮਾ ਦੇ ਦਰ ਤੇ) ਅਰਦਾਸ ਕਰਾਂ, ਜੇ ਮੈਂ ਉਸ ਨੂੰ ਕਿਤੇ ਦੂਰ ਵੱਸਦਾ ਸਮਝਾਂ।
31633	737	ਪ੍ਰਭੁ ਅਬਿਨਾਸੀ ਰਹਿਆ ਭਰਪੂਰਿ॥		Prabh Abinaasee Rehiaa Bharapoor ||	God is imperishable and eternal; He is pervading and permeating everywhere.	ਉਹ ਨਾਸ-ਰਹਿਤ ਪਰਮਾਤਮਾ ਤਾਂ ਹਰ ਥਾਂ ਵਿਆਪਕ ਹੈ।
31634	737	ਜਨੁ ਨਾਨਕੁ ਗਾਵੈ ਦੇਖਿ ਹਦੂਰਿ॥੪॥੩॥		Jan Naanak Gaavai Dhaekh Hadhoor ||4||3||	Servant Nanak sings of Him; I see Him Ever-present everywhere. ||4||3||	ਦਾਸ ਨਾਨਕ (ਤਾਂ ਉਸ ਨੂੰ ਆਪਣੇ) ਅੰਗ-ਸੰਗ (ਵੱਸਦਾ) ਵੇਖ ਕੇ ਉਸ ਦੀ ਸਿਫ਼ਤਿ-ਸਾਲਾਹ ਕਰਦਾ ਹੈ ॥੪॥੩॥

31635	737	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31636	737	ਗ੍ਰਿਹੁ ਵਸਿ ਗੁਰਿ ਕੀਨਾ ਹਉ ਘਰ ਕੀ ਨਾਰਿ॥	ਵੱਸਿ	Grihu Vas Gur Keenaa Ho Ghar Kee Naar ||	The Giver has put this household of my being under my own control. I am now the mistress of the Lord's Home.	(ਹੇ ਸਖੀ!) ਉਸ ਖਸਮ-ਪ੍ਰਭੂ ਨੇ ਗੁਰੂ ਦੀ ਰਾਹੀਂ (ਮੇਰਾ) ਸਰੀਰ-ਘਰ (ਮੇਰੇ) ਵੱਸ ਵਿਚ ਕਰ ਦਿੱਤਾ ਹੈ (ਹੁਣ) ਮੈਂ (ਉਸ ਦੀ ਕਿਰਪਾ ਨਾਲ ਇਸ) ਘਰ ਦੀ ਮਾਲਕਾ ਬਣ ਗਈ ਹਾਂ।
31637	737	ਦਸ ਦਾਸੀ ਕਰਿ ਦੀਨੀ ਭਤਾਰਿ॥	(ਭਤਾਰਿ)ਪਤੀ ਪ੍ਰਮੇਸਰ। ਦਸ:ਪੋਲਾ ਬੋਲੋ	Dhas Dhaasee Kar Dheenee Bhathaar ||	My Husband Lord has made the ten senses and organs of actions my slaves.	ਉਸ ਖਸਮ ਨੇ ਦਸਾਂ ਹੀ ਇੰਦ੍ਰਿਆਂ ਨੂੰ ਮੇਰੀਆਂ ਦਾਸੀਆਂ ਬਣਾ ਦਿੱਤਾ ਹੈ।
31638	737	ਸਗਲ ਸਮਗ੍ਰੀ ਮੈ ਘਰ ਕੀ ਜੋੜੀ॥	ਸਮੱਗ੍ਰੀ	Sagal Samagree Mai Ghar Kee Jorree ||	I have gathered together all the faculties and facilities of this house.	(ਉੱਚੇ ਆਤਮਕ ਗੁਣਾਂ ਦਾ) ਮੈਂ ਆਪਣੇ ਸਰੀਰ-ਘਰ ਦਾ ਸਾਰਾ ਸਾਮਾਨ ਜੋੜ ਕੇ (ਸਜਾ ਕੇ) ਰੱਖ ਦਿੱਤਾ ਹੈ।
31639	737	ਆਸ ਪਿਆਸੀ ਪਿਰ ਕਉ ਲੋੜੀ॥੧॥		Aas Piaasee Pir Ko Lorree ||1||	I am thirsty with desire and longing for my Husband Lord. ||1||	ਹੁਣ ਮੈਂ ਪ੍ਰਭੂ-ਪਤੀ ਦੇ ਦਰਸਨ ਦੀ ਆਸ ਤੇ ਤਾਂਘ ਵਿਚ ਉਸ ਦੀ ਉਡੀਕ ਕਰ ਰਹੀ ਹਾਂ ॥੧॥
31640	737	ਕਵਨ ਕਹਾ ਗੁਨ ਕੰਤ ਪਿਆਰੇ॥		Kavan Kehaa Gun Kanth Piaarae ||	What Glorious Virtues of my Beloved Husband Lord should I describe?	(ਹੇ ਸਖੀ!) ਪਿਆਰੇ ਕੰਤ ਪ੍ਰਭੂ ਦੇ ਮੈਂ ਕੇਹੜੇ ਕੇਹੜੇ ਗੁਣ ਦੱਸਾਂ?

31641	737	ਸੁਘੜ ਸਰੂਪ ਦਇਆਲ ਮੁਰਾਰੇ॥੧॥ਰਹਾਉ॥		Sugharr Saroop Dhaeiaal Muraarae ||1|| Rehaao ||	He is All-knowing, totally beautiful and merciful; He is the Destroyer of ego. ||1||Pause||	ਸੁਚੱਜੇ, ਦਇਆਵਾਨ, ਪ੍ਰਭੂ ਦੇ- ॥੧॥ ਰਹਾਉ ॥
31642	737	ਸਤੁ ਸੀਗਾਰ ਭਉ ਅੰਜਨੁ ਪਾਇਆ॥		Sath Seegaar Bho Anjan Paaeiaa ||	I am adorned with Truth, and I have applied the mascara of the Fear of God to my eyes.	(ਹੇ ਸਖੀ! ਖਸਮ-ਪ੍ਰਭੂ ਦੀ ਕਿਰਪਾ ਨਾਲ ਹੀ) ਸੁੱਚੇ ਆਚਰਨ ਨੂੰ ਮੈਂ (ਆਪਣੇ ਜੀਵਨ ਦਾ) ਸਿੰਗਾਰ ਬਣਾ ਲਿਆ ਹੈ, ਉਸ ਦੇ ਡਰ-ਅਦਬ (ਦਾ) ਮੈਂ (ਅੱਖਾਂ ਵਿਚ) ਸੁਰਮਾ ਪਾ ਲਿਆ ਹੈ।
31643	737	ਅੰਮ੍ਰਿਤ ਨਾਮੁ ਤੰਬੋਲੁ ਮੁਖਿ ਖਾਇਆ॥		Anmrith Naam Thanbol Mukh Khaaeiaa ||	I have chewed the betel-leaf of the Ambrosial Naam, the Name of the Lord.	(ਉਸ ਦੀ ਮੇਹਰ ਨਾਲ ਹੀ) ਆਤਮਕ ਜੀਵਨ ਦੇਣ ਵਾਲਾ ਨਾਮ-ਪਾਨ ਮੈਂ ਮੂੰਹ ਨਾਲ ਖਾਧਾ ਹੈ।
31644	737	ਕੰਗਨ ਬਸਤ੍ਰ ਗਹਨੇ ਬਨੇ ਸੁਹਾਵੇ॥		Kangan Basathr Gehanae Banae Suhaavae ||	My bracelets, robes and ornaments beautifully adorn me.	ਹੇ ਸਖੀ! ਉਸ ਦੇ ਕੰਗਣ, ਕੱਪੜੇ, ਗਹਿਣੇ ਸੋਹਣੇ ਲੱਗਣ ਲੱਗ ਪੈਂਦੇ ਹਨ (ਸਾਰੇ ਧਾਰਮਿਕ ਉੱਦਮ ਸਫਲ ਹੋ ਜਾਂਦੇ ਹਨ)
31645	737	ਧਨ ਸਭ ਸੁਖ ਪਾਵੈ ਜਾਂ ਪਿਰੁ ਘਰਿ ਆਵੈ॥੨॥		Dhhan Sabh Sukh Paavai Jaan Pir Ghar Aavai ||2||	The soul-bride becomes totally happy, when her Husband Lord comes to her home. ||2||	ਜਦੋਂ ਪ੍ਰਭੂ-ਪਤੀ ਹਿਰਦੇ-ਘਰ ਵਿਚ ਆ ਵੱਸਦਾ ਹੈ, ਤਦੋਂ ਜੀਵ-ਇਸਤ੍ਰੀ ਸਾਰੇ ਸੁਖ ਹਾਸਲ ਕਰ ਲੈਂਦੀ ਹੈ ॥੨॥

31646	737	ਗੁਣ ਕਾਮਣ ਕਰਿ ਕੰਤੁ ਰੀਝਾਇਆ॥		Gun Kaaman Kar Kanth Reejhaaeiaa ||	By the charms of virtue, I have enticed and fascinated my Husband Lord.	ਹੇ ਸਖੀ! ਗੁਣਾਂ ਦੇ ਟੂਣੇ ਬਣਾ ਕੇ ਉਸ ਜੀਵ-ਇਸਤ੍ਰੀ ਨੇ ਪ੍ਰਭੂ-ਪਤੀ ਨੂੰ ਖ਼ੁਸ਼ ਕਰ ਲਿਆ,
31647	737	ਵਸਿ ਕਰਿ ਲੀਨਾ ਗੁਰਿ ਭਰਮੁ ਚੁਕਾਇਆ॥		Vas Kar Leenaa Gur Bharam Chukaaeiaa ||	He is under my power - the Guru has dispelled my doubts.	ਗੁਰੂ ਨੇ (ਜਿਸ ਦੀ) ਭਟਕਣਾ ਦੂਰ ਕਰ ਦਿੱਤੀ। ਉਸ ਨੇ ਪ੍ਰਭੂ-ਪਤੀ ਨੂੰ ਆਪਣੇ ਵੱਸ ਵਿਚ ਕਰ ਲਿਆ।
31648	737	ਸਭ ਤੇ ਊਚਾ ਮੰਦਰੁ ਮੇਰਾ॥		Sabh Thae Oochaa Mandhar Maeraa ||	My mansion is lofty and elevated.	(ਹੇ ਸਖੀ! ਉਸ ਖਸਮ-ਪ੍ਰਭੂ ਦੀ ਕਿਰਪਾ ਨਾਲ ਹੀ) ਮੇਰਾ ਹਿਰਦਾ-ਘਰ ਸਭ (ਵਾਸਨਾਵਾਂ) ਤੋਂ ਉੱਚਾ ਹੋ ਗਿਆ ਹੈ।
31649	737	ਸਭ ਕਾਮਣਿ ਤਿਆਗੀ ਪ੍ਰਿਉ ਪ੍ਰੀਤਮੁ ਮੇਰਾ॥੩॥		Sabh Kaaman Thiaagee Prio Preetham Maeraa ||3||	Renouncing all other brides, my Beloved has become my lover. ||3||	ਹੋਰ ਸਾਰੀਆਂ ਇਸਤ੍ਰੀਆਂ ਨੂੰ ਛੱਡ ਕੇ ਉਹ ਪ੍ਰੀਤਮ ਮੇਰਾ ਪਿਆਰਾ ਬਣ ਗਿਆ ਹੈ ॥੩॥
31650	737	ਪ੍ਰਗਟਿਆ ਸੂਰੁ ਜੋਤਿ ਉਜੀਆਰਾ॥		Pragattiaa Soor Joth Oujeeaaraa ||	The sun has risen, and its light shines brightly.	ਹੇ ਸਖੀ! (ਉਸ ਕੰਤ ਦੀ ਕਿਰਪਾ ਨਾਲ ਮੇਰੇ ਅੰਦਰ ਆਤਮਕ ਜੀਵਨ ਦਾ) ਸੂਰਜ ਚੜ੍ਹ ਪਿਆ ਹੈ, (ਆਤਮਕ ਜੀਵਨ ਦੀ) ਜੋਤਿ ਜਗ ਪਈ ਹੈ।
31651	737	ਸੇਜ ਵਿਛਾਈ ਸਰਧ ਅਪਾਰਾ॥		Saej Vishhaaee Saradhh Apaaraa ||	I have prepared my bed with infinite care and faith.	ਬੇਅੰਤ ਪ੍ਰਭੂ ਦੀ ਸਰਧਾ ਦੀ ਸੇਜ ਮੈਂ ਵਿਛਾ ਦਿੱਤੀ ਹੈ (ਮੇਰੇ ਹਿਰਦੇ ਵਿਚ ਪ੍ਰਭੂ ਵਾਸਤੇ ਪੂਰੀ ਸਰਧਾ ਬਣ ਗਈ ਹੈ),

31652	737	ਨਵ ਰੰਗ ਲਾਲੁ ਸੇਜ ਰਾਵਣ ਆਇਆ॥		Nav Rang Laal Saej Raavan Aaeiaa ||	My Darling Beloved is new and fresh; He has come to my bed to enjoy me.	(ਹੁਣ ਆਪਣੀ ਮੇਹਰ ਨਾਲ ਹੀ) ਉਹ ਨਿੱਤ ਨਵੇਂ ਪਿਆਰ ਵਾਲਾ ਪ੍ਰੀਤਮ ਮੇਰੇ ਹਿਰਦੇ ਦੀ ਸੇਜ ਉਤੇ ਆ ਬੈਠਾ ਹੈ।
31653	737	ਜਨ ਨਾਨਕ ਪਿਰ ਧਨ ਮਿਲਿ ਸੁਖੁ ਪਾਇਆ॥੪॥੪॥		Jan Naanak Pir Dhhan Mil Sukh Paaeiaa ||4||4||	O Servant Nanak, my Husband Lord has come; the soul-bride has found peace. ||4||4||	ਹੇ ਦਾਸ ਨਾਨਕ! (ਆਖ-) ਪ੍ਰਭੂ-ਪਤੀ ਨੂੰ ਮਿਲ ਕੇ ਜੀਵ-ਇਸਤ੍ਰੀ ਆਤਮਕ ਆਨੰਦ ਮਾਣਦੀ ਹੈ ॥੪॥੪॥
31654	737	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31655	737	ਉਮਕਿਓ ਹੀਉ ਮਿਲਨ ਪ੍ਰਭ ਤਾਈ॥	ਤਾਂਈਂ	Oumakiou Heeo Milan Prabh Thaaee ||	An intense yearning to meet God has welled up in my heart.	ਮੇਰਾ ਹਿਰਦਾ ਪ੍ਰਭੂ ਨੂੰ ਮਿਲਣ ਵਾਸਤੇ ਖ਼ੁਸ਼ੀ ਨਾਲ ਨੱਚ ਪਿਆ,
31656	737	ਖੋਜਤ ਚਰਿਓ ਦੇਖਉ ਪ੍ਰਿਅ ਜਾਈ॥		Khojath Chariou Dhaekho Pria Jaaee ||	I have gone out searching to find my Beloved Husband Lord.	(ਪ੍ਰਭੂ ਨੂੰ) ਲੱਭਣ ਚੜ੍ਹ ਪਿਆ (ਕਿ) ਮੈਂ ਪਿਆਰੇ ਦੇ ਰਹਿਣ ਦੀ ਥਾਂ (ਕਿਤੇ) ਵੇਖਾਂ।
31657	737	ਸੁਨਤ ਸਦੇਸਰੋ ਪ੍ਰਿਅ ਗ੍ਰਿਹਿ ਸੇਜ ਵਿਛਾਈ॥		Sunath Sadhaesaro Pria Grihi Saej Vishhaaee ||	Hearing news of my Beloved, I have laid out my bed in my home.	ਹੇ ਸਖੀ! ਪਿਆਰੇ ਦਾ ਸਨੇਹਾ ਸੁਣਦਿਆਂ ਮੈਂ ਹਿਰਦੇ-ਘਰ ਵਿਚ ਸੇਜ ਵਿਛਾ ਦਿੱਤੀ।

31658	737	ਭ੍ਰਮਿ ਭ੍ਰਮਿ ਆਇਓ ਤਉ ਨਦਰਿ ਨ ਪਾਈ॥੧॥		Bhram Bhram Aaeiou Tho Nadhar N Paaee ||1||	Wandering, wandering all around, I came, but I did not even see Him. ||1||	(ਪਰ) ਭਟਕ ਭਟਕ ਕੇ ਮੁੜ ਆਇਆ, ਤਦੋਂ (ਪ੍ਰਭੂ ਦੀ ਮੇਹਰ ਦੀ) ਨਿਗਾਹ ਹਾਸਲ ਨਾਹ ਹੋਈ ॥੧॥
31659	737	ਕਿਨ ਬਿਧਿ ਹੀਅਰੋ ਧੀਰੈ ਨਿਮਾਨੋ॥		Kin Bidhh Heearo Dhheerai Nimaano ||	How can this poor heart be comforted?	(ਤੇਰੇ ਦਰਸਨ ਤੋਂ ਬਿਨਾ) ਮੇਰਾ ਇਹ ਨਿਮਾਣਾ ਦਿਲ ਕਿਵੇਂ ਧੀਰਜ ਫੜੇ?
31660	737	ਮਿਲੁ ਸਾਜਨ ਹਉ ਤੁਝੁ ਕੁਰਬਾਨੋ॥੧॥ਰਹਾਉ ॥		Mil Saajan Ho Thujh Kurabaano ||1|| Rehaao ||	Come and meet me, O Friend; I am a sacrifice to You. ||1||Pause||	ਹੇ ਸੱਜਣ ਪ੍ਰਭੂ! (ਮੈਨੂੰ) ਮਿਲ, ਮੈਂ ਤੈਥੋਂ ਸਦਕੇ ਜਾਂਦੀ ਹਾਂ ॥੧॥ ਰਹਾਉ ॥
31661	737	ਏਕਾ ਸੇਜ ਵਿਛੀ ਧਨ ਕੰਤਾ॥		Eaekaa Saej Vishhee Dhhan Kanthaa ||	One bed is spread out for the bride and her Husband Lord.	ਹੇ ਸਖੀ! ਜੀਵ-ਇਸਤ੍ਰੀ ਅਤੇ ਪ੍ਰਭੂ-ਪਤੀ ਦੀ ਇਕੋ ਹੀ ਸੇਜ (ਜੀਵ-ਇਸਤ੍ਰੀ ਦੇ ਹਿਰਦੇ ਵਿਚ) ਵਿਛੀ ਹੋਈ ਹੈ;
31662	737	ਧਨ ਸੂਤੀ ਪਿਰੁ ਸਦ ਜਾਗੰਤਾ॥		Dhhan Soothee Pir Sadh Jaaganthaa ||	The bride is asleep, while her Husband Lord is always awake.	ਪਰ ਜੀਵ-ਇਸਤ੍ਰੀ (ਸਦਾ ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤੀ ਰਹਿੰਦੀ ਹੈ, ਪ੍ਰਭੂ-ਪਤੀ ਸਦਾ ਜਾਗਦਾ ਰਹਿੰਦਾ ਹੈ (ਮਾਇਆ ਦੇ ਪ੍ਰਭਾਵ ਤੋਂ ਉਤਾਂਹ ਰਹਿੰਦਾ ਹੈ)।
31663	737	ਪੀਓ ਮਦਰੋ ਧਨ ਮਤਵੰਤਾ॥		Peeou Madharo Dhhan Mathavanthaa ||	The bride is intoxicated, as if she has drunk wine.	ਜੀਵ-ਇਸਤ੍ਰੀ ਇਉਂ ਮਸਤ ਰਹਿੰਦੀ ਹੈ ਜਿਵੇਂ ਇਸ ਨੇ ਸ਼ਰਾਬ ਪੀਤੀ ਹੋਈ ਹੈ।

31664	737	ਧਨ ਜਾਗੈ ਜੇ ਪਿਰੁ ਬੋਲੰਤਾ॥੨॥		Dhhan Jaagai Jae Pir Bolanthaa ||2||	The soul-bride only awakens when her Husband Lord calls to her. ||2||	(ਹਾਂ) ਜੀਵ-ਇਸਤ੍ਰੀ ਜਾਗ ਭੀ ਸਕਦੀ ਹੈ, ਜੇ ਪ੍ਰਭੂ-ਪਤੀ (ਆਪ) ਜਗਾਏ ॥੨॥
31665	737	ਭਈ ਨਿਰਾਸੀ ਬਹੁਤੁ ਦਿਨ ਲਾਗੇ॥		Bhee Niraasee Bahuth Dhin Laagae ||	She has lost hope - so many days have passed.	ਹੇ ਸਖੀ! (ਉਮਰ ਦੇ) ਬਹੁਤ ਸਾਰੇ ਦਿਨ ਬੀਤ ਗਏ ਹਨ, (ਹੁਣ) ਮੈਂ ਨਿਰਾਸ ਹੋ ਗਈ ਹਾਂ।
31666	737	ਦੇਸ ਦਿਸੰਤਰ ਮੈ ਸਗਲੇ ਝਾਗੇ॥		Dhaes Dhisanthar Mai Sagalae Jhaagae ||	I have travelled through all the lands and the countries.	ਮੈਂ (ਬਾਹਰ) ਹੋਰ ਹੋਰ ਸਾਰੇ ਦੇਸ ਭਾਲ ਵੇਖੇ ਹਨ (ਪਰ ਬਾਹਰ ਪ੍ਰਭੂ-ਪਤੀ ਕਿਤੇ ਲੱਭਾ ਨਹੀਂ।)
31667	738	ਖਿਨੁ ਰਹਨੁ ਨ ਪਾਵਉ ਬਿਨੁ ਪਗ ਪਾਗੇ॥		Khin Rehan N Paavo Bin Pag Paagae ||	I cannot survive, even for an instant, without the feet of my Beloved.	ਉਸ ਪ੍ਰਭੂ-ਪਤੀ ਦੇ ਚਰਨਾਂ ਉਤੇ ਪੈਣ ਤੋਂ ਬਿਨਾ ਮੈਨੂੰ ਇਕ ਛਿਨ ਵਾਸਤੇ ਭੀ ਸ਼ਾਂਤੀ ਪ੍ਰਾਪਤ ਨਹੀਂ ਹੁੰਦੀ।
31668	738	ਹੋਇ ਕ੍ਰਿਪਾਲੁ ਪ੍ਰਭ ਮਿਲਹ ਸਭਾਗੇ॥੩॥		Hoe Kirapaal Prabh Mileh Sabhaagae ||3||	When God becomes Merciful, I become fortunate, and then I meet Him. ||3||	(ਹਾਂ, ਹੇ ਸਖੀ!) ਜੇ ਉਹ ਆਪ ਕਿਰਪਾਲ ਹੋਵੇ, ਤਾਂ ਸਹੀ ਜੀਵ-ਇਸਤ੍ਰੀਆਂ ਚੰਗੇ ਭਾਗ ਜਾਗਣ ਨਾਲ ਉਸ ਪ੍ਰਭੂ ਨੂੰ ਮਿਲ ਸਕਦੀਆਂ ਹਾਂ ॥੩॥
31669	738	ਭਇਓ ਕ੍ਰਿਪਾਲੁ ਸਤਸੰਗਿ ਮਿਲਾਇਆ॥		Bhaeiou Kirapaal Sathasang Milaaeiaa ||	Becoming Merciful, He has united me with the Sat Sangat, the True Congregation.	ਪ੍ਰਭੂ ਮੇਰੇ ਉਤੇ ਦਇਆਵਾਨ ਹੋ ਗਿਆ ਹੈ। ਮੈਨੂੰ ਉਸ ਨੇ ਸਤਸੰਗ ਵਿਚ ਮਿਲਾ ਦਿੱਤਾ ਹੈ।

31670	738	ਬੂਝੀ ਤਪਤਿ ਘਰਹਿ ਪਿਰੁ ਪਾਇਆ॥	ਬੂਝੀ:ਪੋਲਾ ਬੋਲੋ	Boojhee Thapath Gharehi Pir Paaeiaa ||	The fire has been quenched, and I have found my Husband Lord within my own home.	ਮੇਰੀ (ਵਿਕਾਰਾਂ ਦੀ) ਤਪਸ਼ ਮਿਟ ਗਈ ਹੈ, ਮੈਂ ਉਸ ਪ੍ਰਭੂ-ਪਤੀ ਨੂੰ ਹਿਰਦੇ-ਘਰ ਵਿਚ ਹੀ ਲੱਭ ਲਿਆ ਹੈ।
31671	738	ਸਗਲ ਸੀਗਾਰ ਹੁਣਿ ਮੁਝਹਿ ਸੁਹਾਇਆ॥		Sagal Seegaar Hun Mujhehi Suhaaeiaa ||	I am now adorned with all sorts of decorations.	ਹੁਣ ਮੈਨੂੰ (ਆਪਣੇ) ਸਾਰੇ ਸਿੰਗਾਰ (ਉੱਦਮ) ਸੋਹਣੇ ਲੱਗ ਰਹੇ ਹਨ।
31672	738	ਕਹੁ ਨਾਨਕ ਗੁਰਿ ਭਰਮੁ ਚੁਕਾਇਆ॥੪॥		Kahu Naanak Gur Bharam Chukaaeiaa ||4||	Says Nanak, the Guru has dispelled my doubt. ||4||	ਨਾਨਕ ਆਖਦਾ ਹੈ- ਗੁਰੂ ਨੇ ਮੇਰੀ ਭਟਕਣਾ ਦੂਰ ਕਰ ਦਿੱਤੀ ਹੈ ॥੪॥
31673	738	ਜਹ ਦੇਖਾ ਤਹ ਪਿਰੁ ਹੈ ਭਾਈ॥		Jeh Dhaekhaa Theh Pir Hai Bhaaee ||	Wherever I look, I see my Husband Lord there, O Siblings of Destiny.	ਹੇ ਭਾਈ! ਹੁਣ ਮੈਂ ਜਿਧਰ ਵੇਖਦਾ ਹਾਂ, ਮੈਨੂੰ ਪ੍ਰਭੂ ਹੀ ਦਿੱਸਦਾ ਹੈ।
31674	738	ਖੋਲ੍ਹਿਓ ਕਪਾਟੁ ਤਾ ਮਨੁ ਠਹਰਾਈ॥੧॥ ਰਹਾਉ ਦੂਜਾ॥੫॥		Kholihou Kapaatt Thaa Man Theharaaee ||1|| Rehaao Dhoojaa ||5||	When the door is opened, then the mind is restrained. ||1||Second Pause||5||	(ਗੁਰੂ ਨੇ ਮੇਰੇ ਅੰਦਰੋਂ) ਭਰਮ ਦਾ ਪਰਦਾ ਲਾਹ ਦਿੱਤਾ ਹੈ, ਮੇਰਾ ਮਨ ਟਿਕ ਗਿਆ ਹੈ ॥੧॥ਰਹਾਉ ਦੂਜਾ॥੫॥
31675	738	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	

31676	738	ਕਿਆ ਗੁਣ ਤੇਰੇ ਸਾਰਿ ਸਮ੍ਹਾਲੀ ਮੋਹਿ ਨਿਰਗੁਨ ਕੇ ਦਾਤਾਰੇ॥		Kiaa Gun Thaerae Saar Samhaalee Mohi Niragun Kae Dhaathaarae ||	What virtues and excellences of Yours should I cherish and contemplate? I am worthless, while You are the Great Giver.	ਮੈਂ ਗੁਣ-ਹੀਨ ਦੇ ਹੇ ਦਾਤਾਰ! ਮੈਂ ਤੇਰੇ ਕੇਹੜੇ ਕੇਹੜੇ ਗੁਣ ਚੇਤੇ ਕਰ ਕੇ ਆਪਣੇ ਹਿਰਦੇ ਵਿਚ ਵਸਾਵਾਂ?
31677	738	ਬੈਖਰੀਦੁ ਕਿਆ ਕਰੇ ਚਤੁਰਾਈ ਇਹੁ ਜੀਉ ਪਿੰਡੁ ਸਭੁ ਥਾਰੇ॥੧॥		Bai Khareedh Kiaa Karae Chathuraaee Eihu Jeeo Pindd Sabh Thhaarae ||1||	I am Your slave - what clever tricks could I ever try? This soul and body are totally Yours||1||	(ਮੈਂ ਤਾਂ ਤੇਰਾ ਮੁੱਲ-ਖ਼ਰੀਦਿਆ ਸੇਵਕ ਹਾਂ) ਮੁੱਲ-ਖ਼ਰੀਦਿਆ ਨੌਕਰ ਕੋਈ ਚਲਾਕੀ ਦੀ ਗੱਲ ਨਹੀਂ ਕਰ ਸਕਦਾ। (ਹੇ ਦਾਤਾਰ! ਮੇਰਾ) ਇਹ ਸਰੀਰ ਤੇ ਮੇਰੀ ਇਹ ਜਿੰਦ ਸਭ ਤੇਰੇ ਹੀ ਦਿੱਤੇ ਹੋਏ ਹਨ ॥੧॥
31678	738	ਲਾਲ ਰੰਗੀਲੇ ਪ੍ਰੀਤਮ ਮਨਮੋਹਨ ਤੇਰੇ ਦਰਸਨ ਕਉ ਹਮ ਬਾਰੇ॥੧॥ਰਹਾਉ॥		Laal Rangeelae Preetham Manamohan Thaerae Dharasan Ko Ham Baarae ||1|| Rehaao ||	O my Darling, Blissful Beloved, who fascinates my mind - I am a sacrifice to the Blessed Vision of Your Darshan. ||1||Pause||	ਹੇ ਚੋਜੀ ਲਾਲ! ਹੇ ਪ੍ਰੀਤਮ! ਹੇ ਮਨ ਨੂੰ ਮੋਹ ਲੈਣ ਵਾਲੇ! ਅਸੀਂ ਜੀਵ ਤੇਰੇ ਦਰਸਨ ਤੋਂ ਕੁਰਬਾਨ ਹਾਂ ॥੧॥ ਰਹਾਉ ॥
31679	738	ਪ੍ਰਭੁ ਦਾਤਾ ਮੋਹਿ ਦੀਨੁ ਭੇਖਾਰੀ ਤੁਮ੍ਹ ਸਦਾ ਸਦਾ ਉਪਕਾਰੇ॥		Prabh Dhaathaa Mohi Dheen Bhaekhaaree Thumh Sadhaa Sadhaa Oupakaarae ||	O God, You are the Great Giver, and I am just a poor beggar; You are forever and ever benevolent.	(ਹੇ ਦਾਤਾਰ!) ਤੂੰ ਮਾਲਕ ਹੈਂ, ਦਾਤਾਂ ਦੇਣ ਵਾਲਾ ਹੈਂ, ਮੈਂ (ਤੇਰੇ ਦਰ ਤੇ) ਕੰਗਾਲ ਮੰਗਤਾ ਹਾਂ, ਤੂੰ ਸਦਾ ਹੀ ਤੂੰ ਸਦਾ ਹੀ ਮੇਰੇ ਉਤੇ ਮੇਹਰਬਾਨੀਆਂ ਕਰਦਾ ਹੈਂ।

31680	738	ਸੋ ਕਿਛੁ ਨਾਹੀ ਜਿ ਮੈ ਤੇ ਹੋਵੈ ਮੇਰੇ ਠਾਕੁਰ ਅਗਮ ਅਪਾਰੇ॥੨॥	(ਅ-ਗਮ)ਸੋਗ ਰਹਿਤ।ਅਗਮ:ਪੋਲਾ ਬੋਲੋ	So Kishh Naahee J Mai Thae Hovai Maerae Thaakur Agam Apaarae ||2||	I cannot accomplish anything by myself, O my Unapproachable and Infinite Lord and Master. ||2||	ਹੇ ਮੇਰੇ ਅਪਹੁੰਚ ਅਤੇ ਬੇਅੰਤ ਮਾਲਕ! ਕੋਈ ਐਸਾ ਕੰਮ ਨਹੀਂ ਜੋ (ਤੇਰੀ ਮਦਦ ਤੋਂ ਬਿਨਾ) ਮੈਥੋਂ ਹੋ ਸਕੇ ॥੨॥
31681	738	ਕਿਆ ਸੇਵ ਕਮਾਵਉ ਕਿਆ ਕਹਿ ਰੀਝਾਵਉ ਬਿਧਿ ਕਿਤੁ ਪਾਵਉ ਦਰਸਾਰੇ॥		Kiaa Saev Kamaavo Kiaa Kehi Reejhaavo Bidhh Kith Paavo Dharasaarae ||	What service can I perform? What should I say to please You? How can I gain the Blessed Vision of Your Darshan?	ਹੇ ਪ੍ਰਭੂ! ਮੈਂ ਤੇਰੀ ਕੇਹੜੀ ਸੇਵਾ ਕਰਾਂ? ਮੈਂ ਕੀਹ ਆਖ ਕੇ ਤੈਨੂੰ ਖ਼ੁਸ਼ ਕਰਾਂ? ਮੈਂ ਕਿਸ ਤਰ੍ਹਾਂ ਤੇਰਾ ਦੀਦਾਰ ਹਾਸਲ ਕਰਾਂ?
31682	738	ਮਿਤਿ ਨਹੀ ਪਾਈਐ ਅੰਤੁ ਨ ਲਹੀਐ ਮਨੁ ਤਰਸੈ ਚਰਨਾਰੇ॥੩॥		Mith Nehee Paaeeai Anth N Leheeai Man Tharasai Charanaarae ||3||	Your extent cannot be found - Your limits cannot be found. My mind longs for Your Feet. ||3||	ਤੇਰੀ ਹਸਤੀ ਦਾ ਮਾਪ ਨਹੀਂ ਲੱਭ ਸਕਦਾ, ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ। ਮੇਰਾ ਮਨ ਸਦਾ ਤੇਰੇ ਚਰਨਾਂ ਵਿਚ ਪਏ ਰਹਿਣ ਨੂੰ ਤਰਸਦਾ ਹੈ ॥੩॥
31683	738	ਪਾਵਉ ਦਾਨੁ ਢੀਠੁ ਹੋਇ ਮਾਗਉ ਮੁਖਿ ਲਾਗੈ ਸੰਤ ਰੇਨਾਰੇ॥		Paavo Dhaan Dteeth Hoe Maago Mukh Laagai Santh Raenaarae ||	I beg with persistence to receive this gift, that the dust of the Saints might touch my face.	ਹੇ ਪ੍ਰਭੂ! ਮੈਂ ਢੀਠ ਹੋ ਕੇ (ਮੁੜ ਮੁੜ, ਤੇਰੇ ਦਰ ਤੋਂ) ਮੰਗਦਾ ਹਾਂ, ਮੈਨੂੰ ਇਹ ਦਾਨ ਮਿਲ ਜਾਏ ਕਿ ਮੇਰੇ ਮੱਥੇ ਉਤੇ ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਲੱਗਦੀ ਰਹੇ।

31684	738	ਜਨ ਨਾਨਕ ਕਉ ਗੁਰਿ ਕਿਰਪਾ ਧਾਰੀ ਪ੍ਰਭਿ ਹਾਥ ਦੇਇ ਨਿਸਤਾਰੇ॥੪॥੬॥		Jan Naanak Ko Gur Kirapaa Dhhaaree Prabh Haathh Dhaee Nisathaarae ||4||6||	The Guru has showered His Mercy upon servant Nanak; reaching out with His Hand, God has delivered him. ||4||6||	ਹੇ ਨਾਨਕ! (ਆਖ-) ਜਿਸ ਦਾਸ ਉਤੇ ਗੁਰੂ ਨੇ ਮੇਹਰ ਕਰ ਦਿੱਤੀ, ਪ੍ਰਭੂ ਨੇ (ਉਸ ਨੂੰ ਆਪਣੇ) ਹੱਥ ਦੇ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲਿਆ ॥੪॥੬॥
31685	738	ਸੂਹੀ ਮਹਲਾ ੫ ਘਰੁ ੩		Soohee Mehalaa 5 Ghar 3	Soohee, Fifth Mehl, Third House:	ਰਾਗ ਸੂਹੀ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
31686	738	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
31687	738	ਸੇਵਾ ਥੋਰੀ ਮਾਗਨੁ ਬਹੁਤਾ॥		Saevaa Thhoree Maagan Bahuthaa ||	His service is insignificant, but his demands are very great.	ਹੇ ਭਾਈ! ਇਹ ਮੂਰਖ ਕੰਮ ਤਾਂ ਥੋੜਾ ਕਰਦਾ ਹੈ, ਪਰ ਉਸ ਦੇ ਇਵਜ਼ ਵਿਚ ਇਸ ਦੀ ਮੰਗ ਬਹੁਤ ਜ਼ਿਆਦਾ ਹੈ।
31688	738	ਮਹਲੁ ਨ ਪਾਵੈ ਕਹਤੋ ਪਹੁਤਾ॥੧॥		Mehal N Paavai Kehatho Pahuthaa ||1||	He does not obtain the Mansion of the Lord's Presence, but he says that he has arrived there||1||	ਪ੍ਰਭੂ ਦੇ ਚਰਨਾਂ ਤਕ ਪਹੁੰਚ ਤਾਂ ਹਾਸਲ ਨਹੀਂ ਕਰ ਸਕਦਾ, ਪਰ ਆਖਦਾ ਹੈ ਕਿ ਮੈਂ (ਪ੍ਰਭੂ ਦੀ ਹਜ਼ੂਰੀ ਵਿਚ) ਪਹੁੰਚਿਆ ਹੋਇਆ ਹਾਂ ॥੧॥
31689	738	ਜੋ ਪ੍ਰਿਅ ਮਾਨੈ ਤਿਨ੍ ਕੀ ਰੀਸਾ॥		Jo Pria Maanae Thin Kee Reesaa ||	He competes with those who have been accepted by the Beloved Lord.	ਹੇ ਭਾਈ! ਇਹ ਉਹਨਾਂ ਦੀ ਰੀਸ ਕਰਦਾ ਹੈ ਜੇਹੜੇ ਪਿਆਰੇ ਪ੍ਰਭੂ ਦੇ ਦਰ ਤੋਂ ਸਤਕਾਰ ਹਾਸਲ ਕਰ ਚੁਕੇ ਹਨ।

31690	738	ਕੂੜੇ ਮੂਰਖ ਕੀਹਾ ਠੀਸਾ॥੧॥ਰਹਾਉ॥	(ਠੀਸਾਂ)ਗੱਪਾਂ। ਕੀਹਾਂ	Koorrae Moorakh Kee Haatheesaa ||1|| Rehaao ||	This is how stubborn the false fool is! ||1||Pause||	(ਇਹ ਹੈ) ਝੂਠੇ ਮੂਰਖ ਮਨੁੱਖ ਦੇ ਹਠ ਦੀ ਗੱਲ ॥੧॥ ਰਹਾਉ ॥
31691	738	ਭੇਖ ਦਿਖਾਵੈ ਸਚੁ ਨ ਕਮਾਵੈ॥		Bhaekh Dhikhaavai Sach N Kamaavai ||	He wears religious robes, but he does not practice Truth.	(ਹੇ ਭਾਈ! ਝੂਠਾ ਮੂਰਖ ਹੋਰਨਾਂ ਨੂੰ ਆਪਣੇ ਧਰਮੀ ਹੋਣ ਦੇ ਨਿਰੇ) ਭੇਖ ਵਿਖਾ ਰਿਹਾ ਹੈ, ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ ਦੀ ਕਮਾਈ ਨਹੀਂ ਕਰਦਾ।
31692	738	ਕਹਤੋ ਮਹਲੀ ਨਿਕਟਿ ਨ ਆਵੈ॥੨॥		Kehatho Mehalee Nikatt N Aavai ||2||	He says that he has found the Mansion of the Lord's Presence, but he cannot even get near it. ||2||	ਮੂੰਹੋਂ ਆਖਦਾ ਹੈ ਕਿ ਮੈਂ ਹਜ਼ੂਰੀ ਵਿਚ ਪਹੁੰਚਿਆ ਹੋਇਆ ਹਾਂ, ਪਰ (ਪ੍ਰਭੂ-ਚਰਨਾਂ ਦੇ ਕਿਤੇ) ਨੇੜੇ ਭੀ ਨਹੀਂ ਢੁਕਿਆ ॥੨॥
31693	738	ਅਤੀਤੁ ਸਦਾਏ ਮਾਇਆ ਕਾ ਮਾਤਾ॥	ਮੱਤਾ	Atheeth Sadhaaeae Maaeiaa Kaa Maathaa ||	He says that he is unattached, but he is intoxicated with Maya.	(ਹੇ ਭਾਈ! ਵੇਖ ਮੂਰਖ ਦੀ ਹਠ ਦੀ ਗੱਲ! ਇਹ ਆਪਣੇ ਆਪ ਨੂੰ) ਤਿਆਗੀ ਅਖਵਾਂਦਾ ਹੈ ਪਰ ਮਾਇਆ (ਦੀ ਲਾਲਸਾ) ਵਿਚ ਮਸਤ ਰਹਿੰਦਾ ਹੈ।
31694	738	ਮਨਿ ਨਹੀ ਪ੍ਰੀਤਿ ਕਹੈ ਮੁਖਿ ਰਾਤਾ॥੩॥		Man Nehee Preeth Kehai Mukh Raathaa ||3||	There is no love in his mind, and yet he says that he is imbued with the Lord. ||3||	(ਇਸ ਦੇ) ਮਨ ਵਿਚ (ਪ੍ਰਭੂ-ਚਰਨਾਂ ਦਾ) ਪਿਆਰ ਨਹੀਂ ਹੈ, ਪਰ ਮੂੰਹੋਂ ਆਖਦਾ ਹੈ ਕਿ ਮੈਂ (ਪ੍ਰਭੂ ਦੇ ਪ੍ਰੇਮ-ਰੰਗ ਵਿਚ) ਰੰਗਿਆ ਹੋਇਆ ਹਾਂ ॥੩॥

31695	738	ਕਹੁ ਨਾਨਕ ਪ੍ਰਭ ਬਿਨਉ ਸੁਨੀਜੈ॥		Kahu Naanak Prabh Bino Suneejai ||	Says Nanak, hear my prayer, God:	ਨਾਨਕ ਆਖਦਾ ਹੈ- ਹੇ ਪ੍ਰਭੂ! ਮੇਰੀ ਬੇਨਤੀ ਸੁਣ!
31696	738	ਕੁਚਲੁ ਕਠੋਰੁ ਕਾਮੀ ਮੁਕਤੁ ਕੀਜੈ॥੪॥	ਕੁਚ-ਲੁ:ਪੋਲਾ ਬੋਲੋ	Kuchal Kathor Kaamee Mukath Keejai ||4||	I am silly, stubborn and filled with sexual desire - please, liberate me! ||4||	(ਜੀਵ ਵਿਚਾਰਾ ਕੁਝ ਕਰਨ-ਜੋਗਾ ਨਹੀਂ, ਇਹ) ਮੰਦ-ਕਰਮੀ ਹੈ, ਨਿਰਦਈ ਹੈ, ਵਿਸ਼ਈ ਹੈ (ਫਿਰ ਭੀ ਤੇਰਾ) ਹੈ ਇਸ ਨੂੰ ਇਹਨਾਂ ਵਿਕਾਰਾਂ ਤੋਂ ਖ਼ਲਾਸੀ ਬਖ਼ਸ਼ ॥੪॥
31697	738	ਦਰਸਨ ਦੇਖੇ ਕੀ ਵਡਿਆਈ॥		Dharasan Dhaekhae Kee Vaddiaaee ||	I gaze upon the glorious greatness of the Blessed Vision of Your Darshan.	(ਅਸਾਂ ਜੀਵਾਂ ਨੂੰ) ਇਹ ਵਡਿਆਈ ਬਖ਼ਸ਼ ਕਿ ਤੇਰਾ ਦਰਸਨ ਕਰ ਸਕੀਏ।
31698	738	ਤੁਮ੍ ਸੁਖਦਾਤੇ ਪੁਰਖ ਸੁਭਾਈ॥੧॥ ਰਹਾਉ ਦੂਜਾ॥੧॥੭॥		Thumh Sukhadhaathae Purakh Subhaaee ||1|| Rehaao Dhoojaa ||1||7||	You are the Giver of Peace, the Loving Primal Being. ||1||Second Pause||1||7||	ਹੇ ਪੁਰਖ ਪ੍ਰਭੂ! ਤੂੰ ਸਭ ਸੁਖ ਦੇਣ-ਜੋਗ ਹੈਂ, ਤੂੰ ਪਿਆਰ-ਭਰਪੂਰ ਹੈਂ ॥੧॥ਰਹਾਉ ਦੂਜਾ॥੧॥੭॥
31699	738	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31700	738	ਬੁਰੇ ਕਾਮ ਕਉ ਊਠਿ ਖਲੋਇਆ॥		Burae Kaam Ko Ooth Khaloeiaa ||	He gets up early, to do his evil deeds,	ਹੇ ਭਾਈ! ਮੂਰਖ ਮਨੁੱਖ ਮੰਦੇ ਕੰਮ ਕਰਨ ਲਈ (ਤਾਂ) ਛੇਤੀ ਤਿਆਰ ਹੋ ਪੈਂਦਾ ਹੈ,

31701	738	ਨਾਮ ਕੀ ਬੇਲਾ ਪੈ ਪੈ ਸੋਇਆ॥੧॥		Naam Kee Baelaa Pai Pai Soeiaa ||1||	But when it is time to meditate on the Naam, the Name of the Lord, then he sleeps. ||1||	ਪਰ ਪਰਮਾਤਮਾ ਦਾ ਨਾਮ ਸਿਮਰਨ ਦੇ ਵੇਲੇ (ਅੰਮ੍ਰਿਤ ਵੇਲੇ) ਲੰਮੀਆਂ ਤਾਣ ਕੇ ਪਿਆ ਰਹਿੰਦਾ ਹੈ (ਬੇ-ਪਰਵਾਹ ਹੋ ਕੇ ਸੁੱਤਾ ਰਹਿੰਦਾ ਹੈ) ॥੧॥
31702	738	ਅਉਸਰੁ ਅਪਨਾ ਬੂਝੈ ਨ ਇਆਨਾ॥		Aousar Apanaa Boojhai N Eiaanaa ||	The ignorant person does not take advantage of the opportunity.	ਹੇ ਭਾਈ! ਬੇਸਮਝ ਮਨੁੱਖ ਇਹ ਨਹੀਂ ਸਮਝਦਾ ਕਿ ਇਹ ਮਨੁੱਖਾ ਜੀਵਨ ਹੀ ਆਪਣਾ ਅਸਲ ਮੌਕਾ ਹੈ (ਜਦੋਂ ਪ੍ਰਭੂ ਨੂੰ ਯਾਦ ਕੀਤਾ ਜਾ ਸਕਦਾ ਹੈ)
31703	738	ਮਾਇਆ ਮੋਹ ਰੰਗਿ ਲਪਟਾਨਾ॥੧॥ਰਹਾਉ ॥		Maaeiaa Moh Rang Lapattaanaa ||1|| Rehaao ||	He is attached to Maya, and engrossed in worldly delights. ||1||Pause||	(ਮੂਰਖ ਮਨੁੱਖ) ਮਾਇਆ ਦੇ ਮੋਹ ਦੀ ਲਗਨ ਵਿਚ ਮਸਤ ਰਹਿੰਦਾ ਹੈ ॥੧॥ ਰਹਾਉ ॥
31704	738	ਲੋਭ ਲਹਰਿ ਕਉ ਬਿਗਸਿ ਫੂਲਿ ਬੈਠਾ॥		Lobh Lehar Ko Bigas Fool Baithaa ||	He rides the waves of greed, puffed up with joy.	ਹੇ ਭਾਈ! (ਅੰਦਰ ਉੱਠ ਰਹੀ) ਲੋਭ ਦੀ ਲਹਿਰ ਦੇ ਕਾਰਨ (ਮਾਇਕ ਲਾਭ ਦੀ ਆਸ ਤੇ) ਖ਼ੁਸ਼ ਹੋ ਕੇ ਫੁੱਲ ਫੁੱਲ ਬੈਠਦਾ ਹੈ,
31705	738	ਸਾਧ ਜਨਾ ਕਾ ਦਰਸੁ ਨ ਡੀਠਾ॥੨॥		Saadhh Janaa Kaa Dharas N Ddeethaa ||2||	He does not see the Blessed Vision of the Darshan of the Holy. ||2||	ਕਦੇ ਸੰਤ ਜਨਾਂ ਦਾ ਦਰਸਨ (ਭੀ) ਨਹੀਂ ਕਰਦਾ ॥੨॥

31706	738	ਕਬਹੂ ਨ ਸਮਝੈ ਅਗਿਆਨੁ ਗਵਾਰਾ॥		Kabehoo N Samajhai Agiaan Gavaaraa ||	The ignorant clown will never understand.	ਹੇ ਭਾਈ! ਆਤਮਕ ਜੀਵਨ ਦੀ ਸੂਝ ਤੋਂ ਸੱਖਣਾ ਮੂਰਖ ਮਨੁੱਖ (ਆਪਣੇ ਅਸਲ ਭਲੇ ਦੀ ਗੱਲ) ਕਦੇ ਭੀ ਨਹੀਂ ਸਮਝਦਾ,
31707	738	ਬਹੁਰਿ ਬਹੁਰਿ ਲਪਟਿਓ ਜੰਜਾਰਾ॥੧॥ਰਹਾਉ॥		Bahur Bahur Lapattiou Janjaaraa ||1|| Rehaao ||	Again and again, he becomes engrossed in entanglements. ||1||Pause||	ਮੁੜ ਮੁੜ (ਮਾਇਆ ਦੇ) ਧੰਧਿਆਂ ਵਿਚ ਰੁੱਝਾ ਰਹਿੰਦਾ ਹੈ ॥੧॥ ਰਹਾਉ ॥
31708	738	ਬਿਖੈ ਨਾਦ ਕਰਨ ਸੁਣਿ ਭੀਨਾ॥		Bikhai Naadh Karan Sun Bheenaa ||	He listens to the sounds of sin and the music of corruption, and he is pleased.	ਹੇ ਭਾਈ! (ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮਨੁੱਖ) ਵਿਸ਼ੇ-ਵਿਕਾਰਾਂ ਦੇ ਗੀਤ ਕੰਨੀਂ ਸੁਣ ਕੇ ਖ਼ੁਸ਼ ਹੁੰਦਾ ਹੈ।
31709	738	ਹਰਿ ਜਸੁ ਸੁਨਤ ਆਲਸੁ ਮਨਿ ਕੀਨਾ॥੩॥		Har Jas Sunath Aalas Man Keenaa ||3||	His mind is too lazy to listen to the Praises of the Lord. ||3||	ਪਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਨੇਂ ਮਨ ਵਿਚ ਆਲਸ ਕਰਦਾ ਹੈ ॥੩॥
31710	738	ਦ੍ਰਿਸਟਿ ਨਾਹੀ ਰੇ ਪੇਖਤ ਅੰਧੇ॥		Dhrisatt Naahee Rae Paekhath Andhhae ||	You do not see with your eyes - you are so blind!	ਹੇ ਅੰਨ੍ਹੇ! ਤੂੰ ਅੱਖਾਂ ਨਾਲ (ਕਿਉਂ) ਨਹੀਂ ਵੇਖਦਾ,
31711	738	ਛੋਡਿ ਜਾਹਿ ਝੂਠੇ ਸਭਿ ਧੰਧੇ॥੧॥ਰਹਾਉ॥		Shhodd Jaahi Jhoothae Sabh Dhhandhhae ||1|| Rehaao ||	You shall have to leave all these false affairs. ||1||Pause||	ਕਿ ਇਹ ਸਾਰੇ (ਦੁਨੀਆ ਵਾਲੇ) ਧੰਧੇ ਛੱਡ ਕੇ (ਆਖ਼ਰ ਇਥੋਂ) ਚਲਾ ਜਾਏਂਗਾ? ॥੧॥ ਰਹਾਉ ॥

31712	738	ਕਹੁ ਨਾਨਕ ਪ੍ਰਭ ਬਖਸ ਕਰੀਜੈ॥		Kahu Naanak Prabh Bakhas Kareejai ||	Says Nanak, please forgive me, God.	ਨਾਨਕ ਆਖਦਾ ਹੈ- ਹੇ ਪ੍ਰਭੂ! (ਮੇਰੇ ਉਤੇ) ਮੇਹਰ ਕਰ।
31713	739	ਕਰਿ ਕਿਰਪਾ ਮੋਹਿ ਸਾਧਸੰਗੁ ਦੀਜੈ॥੪॥		Kar Kirapaa Mohi Saadhhasang Dheejai ||4||	Have Mercy upon me, and bless me with the Saadh Sangat, the Company of the Holy. ||4||	ਕਿਰਪਾ ਕਰ ਕੇ ਮੈਨੂੰ ਗੁਰਮੁਖਾਂ ਦੀ ਸੰਗਤਿ ਬਖ਼ਸ਼ ॥੪॥
31714	739	ਤਉ ਕਿਛੁ ਪਾਈਐ ਜਉ ਹੋਈਐ ਰੇਨਾ॥		Tho Kishh Paaeeai Jo Hoeeai Raenaa ||	He alone obtains something, who becomes the dust under the feet of all.	ਹੇ ਭਾਈ! (ਸਾਧ ਸੰਗਤਿ ਵਿਚੋਂ ਭੀ) ਤਦੋਂ ਹੀ ਕੁਝ ਹਾਸਲ ਕਰ ਸਕੀਦਾ ਹੈ, ਜਦੋਂ ਗੁਰਮੁਖਾਂ ਦੇ ਚਰਨਾਂ ਦੀ ਧੂੜ ਬਣ ਜਾਈਏ।
31715	739	ਜਿਸਹਿ ਬੁਝਾਏ ਤਿਸੁ ਨਾਮੁ ਲੈਨਾ॥੧॥ਰਹਾਉ॥੨॥੮॥	ਬੁੱਝਾਏ	Jisehi Bujhaaeae This Naam Lainaa ||1|| Rehaao ||2||8||	And he alone repeats the Naam, whom God causes to understand. ||1||Pause||2||8||	ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ (ਚਰਨ-ਧੂੜ ਹੋਣ ਦੀ) ਸੂਝ ਬਖ਼ਸ਼ਦਾ ਹੈ, ਓਹ (ਸਾਧ ਸੰਗਤਿ ਵਿਚ ਟਿਕ ਕੇ ਓਸ ਦਾ) ਨਾਮ ਸਿਮਰਦਾ ਹੈ।੧।ਰਹਾਉ ॥੧॥ ਰਹਾਉ ॥੨॥੮॥
31716	739	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31717	739	ਘਰ ਮਹਿ ਠਾਕੁਰੁ ਨਦਰਿ ਨ ਆਵੈ॥		Ghar Mehi Thaakur Nadhar N Aavai ||	Within the home of his own self, he does not even come to see his Lord and Master.	(ਸਾਕਤ ਨੂੰ ਆਪਣੇ) ਹਿਰਦੇ-ਘਰ ਵਿਚ ਮਾਲਕ-ਪ੍ਰਭੂ (ਵੱਸਦਾ) ਨਹੀਂ ਦਿੱਸਦਾ,
31718	739	ਗਲ ਮਹਿ ਪਾਹਣੁ ਲੈ ਲਟਕਾਵੈ॥੧॥		Gal Mehi Paahan Lai Lattakaavai ||1||	And yet, around his neck, he hangs a stone god. ||1||	ਪੱਥਰ (ਦੀ ਮੂਰਤੀ) ਲੈ ਕੇ ਆਪਣੇ ਗਲ ਵਿਚ ਲਟਕਾਈ ਫਿਰਦਾ ਹੈ ॥੧॥

31719	739	ਭਰਮੇ ਭੂਲਾ ਸਾਕਤੁ ਫਿਰਤਾ॥		Bharamae Bhoolaa Saakath Firathaa ||	The faithless cynic wanders around, deluded by doubt.	ਹੇ ਭਾਈ! ਪਰਮਾਤਮਾ ਨਾਲੋਂ ਟੁੱਟਾ ਹੋਇਆ ਮਨੁੱਖ ਭਟਕਣਾ ਵਿਚ ਪੈ ਕੇ ਕੁਰਾਹੇ ਤੁਰਿਆ ਫਿਰਦਾ ਹੈ।
31720	739	ਨੀਰੁ ਬਿਰੋਲੈ ਖਪਿ ਖਪਿ ਮਰਤਾ॥੧॥ਰਹਾਉ॥		Neer Birolai Khap Khap Marathaa ||1|| Rehaao ||	He churns water, and after wasting his life away, he dies. ||1||Pause||	(ਮੂਰਤੀ ਪੂਜਾ ਕਰ ਕੇ) ਪਾਣੀ (ਹੀ) ਰਿੜਕਦਾ ਹੈ, ਇਹ ਵਿਅਰਥ ਮੇਹਨਤ ਕਰ ਕੇ ਆਤਮਕ ਮੌਤ ਸਹੇੜਦਾ ਰਹਿੰਦਾ ਹੈ ॥੧॥ ਰਹਾਉ ॥
31721	739	ਜਿਸੁ ਪਾਹਣ ਕਉ ਠਾਕੁਰੁ ਕਹਤਾ॥		Jis Paahan Ko Thaakur Kehathaa ||	That stone, which he calls his god,	ਹੇ ਭਾਈ! ਸਾਕਤ ਮਨੁੱਖ ਜਿਸ ਪੱਥਰ ਨੂੰ ਪਰਮਾਤਮਾ ਆਖਦਾ (ਸਮਝਦਾ) ਰਹਿੰਦਾ ਹੈ,
31722	739	ਓਹੁ ਪਾਹਣੁ ਲੈ ਉਸ ਕਉ ਡੁਬਤਾ॥੨॥	ਡੁੱਬਤਾ	Ouhu Paahan Lai Ous Ko Ddubathaa ||2||	That stone pulls him down and drowns him. ||2||	ਉਹ ਪੱਥਰ (ਆਪਣੇ) ਉਸ (ਪੁਜਾਰੀ) ਨੂੰ ਭੀ ਲੈ ਕੇ (ਪਾਣੀ ਵਿਚ) ਡੁੱਬ ਜਾਂਦਾ ਹੈ ॥੨॥
31723	739	ਗੁਨਹਗਾਰ ਲੂਣਹਰਾਮੀ॥		Gunehagaar Loon Haraamee ||	O sinner, you are untrue to your own self;	ਹੇ ਪਾਪੀ! ਹੇ ਅਕਿਰਤਘਣ!
31724	739	ਪਾਹਣ ਨਾਵ ਨ ਪਾਰਗਿਰਾਮੀ॥੩॥	ਪਾਰ-ਗਿਰਾਮੀ	Paahan Naav N Paaragiraamee ||3||	A boat of stone will not carry you across. ||3||	ਪੱਥਰ ਦੀ ਬੇੜੀ (ਨਦੀ ਤੋਂ) ਪਾਰ ਨਹੀਂ ਲੰਘ ਸਕਦੀ (ਪੱਥਰ ਦੀ ਮੂਰਤੀ ਦੀ ਪੂਜਾ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘਾ ਸਕਦੀ) ॥੩॥

31725	739	ਗੁਰ ਮਿਲਿ ਨਾਨਕ ਠਾਕੁਰੁ ਜਾਤਾ॥		Gur Mil Naanak Thaakur Jaathaa ||	Meeting the Guru, O Nanak, I know my Lord and Master.	ਹੇ ਨਾਨਕ! ਜਿਸ ਮਨੁੱਖ ਨੇ ਗੁਰੂ ਨੂੰ ਮਿਲ ਕੇ ਮਾਲਕ-ਪ੍ਰਭੂ ਨਾਲ ਡੂੰਘੀ ਸਾਂਝ ਪਾਈ ਹੈ,
31726	739	ਜਲਿ ਥਲਿ ਮਹੀਅਲਿ ਪੂਰਨ ਬਿਧਾਤਾ॥੪॥੩॥੯॥		Jal Thhal Meheeal Pooran Bidhhaathaa ||4||3||9||	The Perfect Architect of Destiny is pervading and permeating the water, the land and the sky. ||4||3||9||	ਉਸ ਨੂੰ ਉਹ ਕਰਤਾਰ ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ ਹਰ ਥਾਂ ਵੱਸਦਾ ਦਿੱਸਦਾ ਹੈ ॥੪॥੩॥੯॥
31727	739	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31728	739	ਲਾਲਨੁ ਰਾਵਿਆ ਕਵਨ ਗਤੀ ਰੀ॥		Laalan Raaviaa Kavan Gathee Ree ||	How have you enjoyed your Dear Beloved?	ਹੇ ਸਖੀ! ਤੂੰ ਕਿਸ ਤਰੀਕੇ ਨਾਲ ਸੋਹਣੇ ਲਾਲ ਦਾ ਮਿਲਾਪ ਪ੍ਰਾਪਤ ਕੀਤਾ ਹੈ?
31729	739	ਸਖੀ ਬਤਾਵਹੁ ਮੁਝਹਿ ਮਤੀ ਰੀ॥੧॥	ਮੱਤੀ	Sakhee Bathaavahu Mujhehi Mathee Ree ||1||	O sister, please teach me, please show me. ||1||	ਹੇ ਸਖੀ! ਮੈਨੂੰ ਭੀ ਉਹ ਅਕਲ ਦੱਸ ॥੧॥
31730	739	ਸੂਹਬ ਸੂਹਬ ਸੂਹਵੀ॥		Soohab Soohab Soohavee ||	Crimson, crimson, crimson -	ਹੇ ਸਖੀ! ਤੇਰੇ ਮੂੰਹ ਉਤੇ ਲਾਲੀ ਭਖ ਰਹੀ ਹੈ,
31731	739	ਅਪਨੇ ਪ੍ਰੀਤਮ ਕੈ ਰੰਗਿ ਰਤੀ॥੧॥ਰਹਾਉ॥		Apanae Preetham Kai Rang Rathee ||1|| Rehaao ||	This is the color of the soul-bride who is imbued with the Love of her Beloved. ||1||Pause||	ਤੂੰ ਆਪਣੇ ਪਿਆਰੇ ਦੇ ਪ੍ਰੇਮ-ਰੰਗ ਵਿਚ ਰੰਗੀ ਹੋਈ ਹੈਂ ॥੧॥ ਰਹਾਉ ॥

31732	739	ਪਾਵ ਮਲੋਵਉ ਸੰਗਿ ਨੈਨ ਭਤੀਰੀ॥	ਨੇਤ੍ਰਾਂ ਦੀਆਂ(ਭਤੀਰੀ)ਧੀਰੀਆਂ, ਝਿੰਮਣੀਆਂ। ਭਤੀਰੀ:ਇਕੱਠਾ. ਹੋਰ ਰਾਰੇ ਵੱਖਰੇ	Paav Malovo Sang Nain Bhatheeree ||	I wash Your Feet with my eye-lashes.	ਹੇ ਸਖੀ! (ਮੈਨੂੰ ਭੀ ਦੱਸ) ਮੈਂ ਤੇਰੇ ਪੈਰ ਆਪਣੀਆਂ ਅੱਖਾਂ ਦੀਆਂ ਪੁਤਲੀਆਂ ਨਾਲ ਮਲਾਂਗੀ,
31733	739	ਜਹਾ ਪਠਾਵਉ ਜਾਂਉ ਤਤੀ ਰੀ॥੨॥	(ਤਤੀ)ਛੇਤੀ। ਤਤੀ:ਪੋਲਾ ਬੋਲੋ	Jehaa Pathaavahu Jaano Thathee Ree ||2||	Wherever You send me, there I will go. ||2||	ਤੂੰ ਮੈਨੂੰ ਜਿਥੇ ਭੀ (ਕਿਸੇ ਕੰਮ) ਭੇਜੇਂਗੀ ਮੈਂ ਉਥੇ ਹੀ (ਖ਼ੁਸ਼ੀ ਨਾਲ) ਜਾਵਾਂਗੀ ॥੨॥
31734	739	ਜਪ ਤਪ ਸੰਜਮ ਦੇਉ ਜਤੀ ਰੀ॥	ਜਤੀ:ਪੋਲਾ ਬੋਲੋ	Jap Thap Sanjam Dhaeo Jathee Ree ||	I would trade meditation, austerity, self-discipline and celibacy,	ਹੇ ਸਖੀ! ਮੈਂ ਉਸ ਦੇ ਇਵਜ਼ ਵਿਚ ਸਾਰੇ ਜਪ ਤਪ ਸੰਜਮ ਦੇ ਦਿਆਂਗੀ,
31735	739	ਇਕ ਨਿਮਖ ਮਿਲਾਵਹੁ ਮੋਹਿ ਪ੍ਰਾਨਪਤੀ ਰੀ॥੩॥		Eik Nimakh Milaavahu Mohi Praanapathee Ree ||3||	If I could only meet the Lord of my life, for even an instant. ||3||	ਅੱਖ ਝਮਕਣ ਜਿਤਨੇ ਸਮੇ ਵਾਸਤੇ ਹੀ ਤੂੰ ਮੈਨੂੰ ਜਿੰਦ ਦਾ ਮਾਲਕ ਪ੍ਰਭੂ ਮਿਲਾ ਦੇ ॥੩॥
31736	739	ਮਾਨੁ ਤਾਨੁ ਅਹੰਬੁਧਿ ਹਤੀ ਰੀ॥		Maan Thaan Ahanbudhh Hathee Ree ||	She who eradicates her self-conceit, power and arrogant intellect,	ਜੇਹੜੀ ਜੀਵ-ਇਸਤ੍ਰੀ (ਕਿਸੇ ਭੀ ਆਪਣੇ ਮਿਥੇ ਹੋਏ ਪਦਾਰਥ ਜਾਂ ਉੱਦਮ ਆਦਿਕ ਦਾ) ਮਾਣ ਤੇ ਆਸਰਾ ਛੱਡ ਦੇਂਦੀ ਹੈ, ਹਉਮੈ ਵਾਲੀ ਅਕਲ ਤਿਆਗ ਦੇਂਦੀ ਹੈ,
31737	739	ਸਾ ਨਾਨਕ ਸੋਹਾਗਵਤੀ ਰੀ॥੪॥੪॥੧੦॥		Saa Naanak Sohaagavathee Ree ||4||4||10||	O Nanak, is the true soul-bride. ||4||4||10||	ਹੇ ਨਾਨਕ! ਉਹ ਸੁਹਾਗ-ਭਾਗ ਵਾਲੀ ਹੋ ਜਾਂਦੀ ਹੈ ॥੪॥੪॥੧੦॥

31738	739	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31739	739	ਤੂੰ ਜੀਵਨੁ ਤੂੰ ਪ੍ਰਾਨ ਅਧਾਰਾ॥		Thoon Jeevan Thoon Praan Adhhaaraa ||	You are my Life, the very Support of my breath of life.	ਹੇ ਪ੍ਰਭੂ! ਤੂੰ ਹੀ ਮੇਰੀ ਜਿੰਦ ਹੈਂ, ਤੂੰ ਹੀ ਮੇਰੀ ਜਿੰਦ ਦਾ ਸਹਾਰਾ ਹੈਂ।
31740	739	ਤੁਝ ਹੀ ਪੇਖਿ ਪੇਖਿ ਮਨੁ ਸਾਧਾਰਾ॥੧॥		Thujh Hee Paekh Paekh Man Saadhhaaraa ||1||	Gazing upon You, beholding You, my mind is soothed and comforted. ||1||	ਤੈਨੂੰ ਹੀ ਵੇਖ ਕੇ ਮੇਰਾ ਮਨ ਧੀਰਜ ਫੜਦਾ ਹੈ ॥੧॥
31741	739	ਤੂੰ ਸਾਜਨੁ ਤੂੰ ਪ੍ਰੀਤਮੁ ਮੇਰਾ॥		Thoon Saajan Thoon Preetham Maeraa ||	You are my Friend, You are my Beloved.	ਹੇ ਪ੍ਰਭੂ! ਤੂੰ ਹੀ ਮੇਰਾ ਸੱਜਣ ਹੈਂ ਤੂੰ ਹੀ ਮੇਰਾ ਪਿਆਰਾ ਹੈਂ,
31742	739	ਚਿਤਹਿ ਨ ਬਿਸਰਹਿ ਕਾਹੂ ਬੇਰਾ॥੧॥ ਰਹਾਉ॥		Chithehi N Bisarehi Kaahoo Baeraa ||1|| Rehaao ||	I shall never forget You. ||1||Pause||	(ਮੇਹਰ ਕਰ) ਕਿਸੇ ਭੀ ਵੇਲੇ ਮਨ ਤੋਂ ਨਾਹ ਵਿੱਸਰ ॥੧॥ ਰਹਾਉ ॥
31743	739	ਬੈਖਰੀਦੁ ਹਉ ਦਾਸਰੋ ਤੇਰਾ॥		Bai Khareedh Ho Dhaasaro Thaeraa ||	I am Your indentured servant; I am Your slave.	ਹੇ ਪ੍ਰਭੂ! ਮੈਂ ਮੁੱਲ ਖ਼ਰੀਦਿਆ ਹੋਇਆ ਤੇਰਾ ਨਿਮਾਣਾ ਜਿਹਾ ਸੇਵਕ ਹਾਂ,
31744	739	ਤੂੰ ਭਾਰੋ ਠਾਕੁਰੁ ਗੁਣੀ ਗਹੇਰਾ॥੨॥		Thoon Bhaaro Thaakur Gunee Gehaeraa ||2||	You are my Great Lord and Master, the treasure of excellence. ||2||	ਤੂੰ ਮੇਰਾ ਵੱਡਾ ਮਾਲਕ ਹੈਂ, ਤੂੰ ਸਾਰੇ ਗੁਣਾਂ ਨਾਲ ਭਰਪੂਰ ਹੈਂ, ਤੂੰ ਡੂੰਘੇ ਜਿਗਰੇ ਵਾਲਾ ਹੈਂ ॥੨॥
31745	739	ਕੋਟਿ ਦਾਸ ਜਾ ਕੈ ਦਰਬਾਰੇ॥		Kott Dhaas Jaa Kai Dharabaarae ||	There are millions of servants in Your Court - Your Royal Darbaar.	ਹੇ ਭਾਈ! ਉਹ ਪ੍ਰਭੂ ਐਸਾ ਹੈ ਕਿ ਕ੍ਰੋੜਾਂ ਸੇਵਕ ਉਸ ਦੇ ਦਰ ਤੇ (ਡਿੱਗੇ ਰਹਿੰਦੇ ਹਨ)

31746	739	ਨਿਮਖ ਨਿਮਖ ਵਸੈ ਤਿਨ੍ ਨਾਲੇ॥੩॥		Nimakh Nimakh Vasai Thinh Naalae ||3||	Each and every instant, You dwell with them. ||3||	ਉਹ ਹਰ ਵੇਲੇ ਉਹਨਾਂ ਦੇ ਨਾਲ ਵੱਸਦਾ ਹੈ ॥੩॥
31747	739	ਹਉ ਕਿਛੁ ਨਾਹੀ ਸਭੁ ਕਿਛੁ ਤੇਰਾ॥		Ho Kishh Naahee Sabh Kishh Thaeraa ||	I am nothing; everything is Yours.	(ਹੇ ਪ੍ਰਭੂ!) ਮੇਰੀ ਆਪਣੀ ਪਾਂਇਆਂ ਕੁਝ ਭੀ ਨਹੀਂ, (ਮੇਰੇ ਪਾਸ ਜੋ ਕੁਝ ਭੀ ਹੈ) ਸਭ ਕੁਝ ਤੇਰਾ ਬਖ਼ਸ਼ਿਆ ਹੋਇਆ ਹੈ।
31748	739	ਓਤਿ ਪੋਤਿ ਨਾਨਕ ਸੰਗਿ ਬਸੇਰਾ॥੪॥੫॥੧੧॥		Outh Poth Naanak Sang Basaeraa ||4||5||11||	Through and through, You abide with Nanak. ||4||5||11||	ਹੇ ਨਾਨਕ! (ਆਖ-) ਤਾਣੇ ਪੇਟੇ ਵਾਂਗ ਤੂੰ ਹੀ ਮੇਰੇ ਨਾਲ ਵੱਸਦਾ ਹੈਂ ॥੪॥੫॥੧੧॥
31749	739	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31750	739	ਸੂਖ ਮਹਲ ਜਾ ਕੇ ਊਚ ਦੁਆਰੇ॥		Sookh Mehal Jaa Kae Ooch Dhuaarae ||	His Mansions are so comfortable, and His gates are so lofty.	ਹੇ ਭਾਈ! ਜਿਸ ਪਰਮਾਤਮਾ ਦੇ ਮਹਲ ਆਨੰਦ-ਭਰਪੂਰ ਹਨ, ਤੇ ਜਿਸ ਦੇ ਦਰਵਾਜ਼ੇ ਉੱਚੇ ਹਨ (ਭਾਵ, ਉਥੇ ਆਤਮਕ ਆਨੰਦ ਤੋਂ ਬਿਨਾ ਹੋਰ ਕਿਸੇ ਵਿਕਾਰ ਆਦਿਕ ਦੀ ਪਹੁੰਚ ਨਹੀਂ ਹੈ)
31751	739	ਤਾ ਮਹਿ ਵਾਸਹਿ ਭਗਤ ਪਿਆਰੇ॥੧॥		Thaa Mehi Vaasehi Bhagath Piaarae ||1||	Within them, His beloved devotees dwell. ||1||	ਉਸ (ਆਤਮਕ ਅਡੋਲਤਾ ਪੈਦਾ ਕਰਨ ਵਾਲੀ ਸਿਫ਼ਤਿ-ਸਾਲਾਹ) ਵਿਚ ਉਸ ਪਰਮਾਤਮਾ ਦੇ ਪਿਆਰੇ ਭਗਤ (ਹੀ) ਵੱਸਦੇ ਹਨ ॥੧॥

31752	739	ਸਹਜ ਕਥਾ ਪ੍ਰਭ ਕੀ ਅਤਿ ਮੀਠੀ॥		Sehaj Kathhaa Prabh Kee Ath Meethee ||	The Natural Speech of God is so very sweet.	ਹੇ ਭਾਈ! ਆਤਮਕ ਅਡੋਲਤਾ ਪੈਦਾ ਕਰਨ ਵਾਲੀ ਪ੍ਰਭੂ ਦੀ ਸਿਫ਼ਤਿ-ਸਾਲਾਹ ਬੜੀ ਹੀ ਸੁਆਦਲੀ ਹੈ,
31753	739	ਵਿਰਲੈ ਕਾਹੂ ਨੇਤ੍ਰਹੁ ਡੀਠੀ॥੧॥ਰਹਾਉ॥		Viralai Kaahoo Naethrahu Ddeethee ||1|| Rehaao ||	How rare is that person, who sees it with his eyes. ||1||Pause||	ਪਰ ਕਿਸੇ ਵਿਰਲੇ ਹੀ ਮਨੁੱਖ ਨੇ ਉਸ ਨੂੰ ਅੱਖੀਂ ਵੇਖਿਆ ਹੈ (ਮਾਣਿਆ ਹੈ) ॥੧॥ ਰਹਾਉ ॥
31754	739	ਤਹ ਗੀਤ ਨਾਦ ਅਖਾਰੇ ਸੰਗਾ॥		Theh Geeth Naadh Akhaarae Sangaa ||	There, in the arena of the congregation, the divine music of the Naad, the sound current, is sung.	ਹੇ ਭਾਈ! ਆਤਮਕ ਅਡੋਲਤਾ ਪੈਦਾ ਕਰਨ ਵਾਲੀ ਉਸ ਸਿਫ਼ਤਿ-ਸਾਲਾਹ ਵਿਚ (ਮਾਨੋ) ਗੀਤ ਤੇ ਰਾਗ ਹੋ ਰਹੇ ਹੁੰਦੇ ਹਨ (ਉਸ ਵਿਚ, ਮਾਨੋ) ਪਿੜ ਬੱਝੇ ਹੁੰਦੇ ਹਨ (ਜਿੱਥੇ ਕਾਮਾਦਿਕ ਪਹਿਲਵਾਨਾਂ ਨਾਲ ਟਾਕਰਾ ਕਰਨ ਦੀ ਜਾਚ ਸਿੱਖੀਦੀ ਹੈ)।
31755	739	ਊਹਾ ਸੰਤ ਕਰਹਿ ਹਰਿ ਰੰਗਾ॥੨॥		Oohaa Santh Karehi Har Rangaa ||2||	There, the Saints celebrate with their Lord. ||2||	ਉਸ ਸਿਫ਼ਤਿ-ਸਾਲਾਹ ਵਿਚ ਜੁੜ ਕੇ ਸੰਤ ਜਨ ਪਰਮਾਤਮਾ ਦੇ ਮਿਲਾਪ ਦਾ ਆਨੰਦ ਮਾਣਦੇ ਹਨ ॥੨॥
31756	739	ਤਹ ਮਰਣੁ ਨ ਜੀਵਣੁ ਸੋਗੁ ਨ ਹਰਖਾ॥		Theh Maran N Jeevan Sog N Harakhaa ||	Neither birth nor death is there, neither pain nor pleasure.	ਹੇ ਭਾਈ! ਸਿਫ਼ਤਿ-ਸਾਲਾਹ ਵਿਚ ਜੁੜਿਆਂ ਜਨਮ ਮਰਨ ਦਾ ਗੇੜ ਨਹੀਂ ਰਹਿੰਦਾ, ਖ਼ੁਸ਼ੀ ਗ਼ਮੀ ਨਹੀਂ ਪੋਹ ਸਕਦੀ।

31757	739	ਸਾਚ ਨਾਮ ਕੀ ਅੰਮ੍ਰਿਤ ਵਰਖਾ॥੩॥		Saach Naam Kee Anmrith Varakhaa ||3||	The Ambrosial Nectar of the True Name rains down there. ||3||	ਉਸ ਅਵਸਥਾ ਵਿਚ ਸਦਾ-ਥਿਰ ਪ੍ਰਭੂ ਦੇ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ ਵਰਖਾ ਹੁੰਦੀ ਰਹਿੰਦੀ ਹੈ ॥੩॥
31758	739	ਗੁਹਜ ਕਥਾ ਇਹ ਗੁਰ ਤੇ ਜਾਣੀ॥		Guhaj Kathhaa Eih Gur Thae Jaanee ||	From the Guru, I have come to know the mystery of this speech.	ਹੇ ਭਾਈ! (ਸਿਫ਼ਤਿ-ਸਾਲਾਹ ਬਾਰੇ) ਇਹ ਭੇਤ ਦੀ ਗੱਲ (ਨਾਨਕ ਨੇ) ਗੁਰੂ ਪਾਸੋਂ ਸਮਝੀ ਹੈ,
31759	739	ਨਾਨਕੁ ਬੋਲੈ ਹਰਿ ਹਰਿ ਬਾਣੀ॥੪॥੬॥੧੨॥		Naanak Bolai Har Har Baanee ||4||6||12||	Nanak speaks the Bani of the Lord, Har, Har. ||4||6||12||	(ਤਾਹੀਏਂ) ਨਾਨਕ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਰਹਿੰਦਾ ਹੈ ॥੪॥੬॥੧੨॥
31760	739	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31761	739	ਜਾ ਕੈ ਦਰਸਿ ਪਾਪ ਕੋਟਿ ਉਤਾਰੇ॥		Jaa Kai Dharas Paap Kott Outhaarae ||	By the Blessed Vision of their Darshan, millions of sins are erased.	ਹੇ ਭਾਈ! (ਉਹ ਸੰਤ ਜਨ ਹੀ ਮੇਰੇ ਪਿਆਰੇ ਮਿੱਤਰ ਹਨ) ਜਿਨ੍ਹਾਂ ਦੇ ਦਰਸਨ ਨਾਲ ਕ੍ਰੋੜਾਂ ਪਾਪ ਲਹਿ ਜਾਂਦੇ ਹਨ,
31762	739	ਭੇਟਤ ਸੰਗਿ ਇਹੁ ਭਵਜਲੁ ਤਾਰੇ॥੧॥		Bhaettath Sang Eihu Bhavajal Thaarae ||1||	Meeting with them, this terrifying world-ocean is crossed over||1||	(ਜਿਨ੍ਹਾਂ ਦੇ ਚਰਨਾਂ) ਨਾਲ ਛੁਹਿਆਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ ॥੧॥

31763	739	ਓਇ ਸਾਜਨ ਓਇ ਮੀਤ ਪਿਆਰੇ॥		Oue Saajan Oue Meeth Piaarae ||	They are my companions, and they are my dear friends,	ਹੇ ਭਾਈ! ਉਹ (ਸੰਤ ਜਨ ਹੀ) ਮੇਰੇ ਸੱਜਣ ਹਨ, ਉਹ (ਹੀ) ਮੇਰੇ ਪਿਆਰੇ ਮਿੱਤਰ ਹਨ,
31764	739	ਜੋ ਹਮ ਕਉ ਹਰਿ ਨਾਮੁ ਚਿਤਾਰੇ॥੧॥ਰਹਾਉ॥		Jo Ham Ko Har Naam Chithaarae ||1|| Rehaao ||	Who inspire me to remember the Lord's Name. ||1||Pause||	ਜੇਹੜੇ ਮੈਨੂੰ ਪਰਮਾਤਮਾ ਦਾ ਨਾਮ ਚੇਤੇ ਕਰਾਂਦੇ ਹਨ ॥੧॥ ਰਹਾਉ ॥
31765	739	ਜਾ ਕਾ ਸਬਦੁ ਸੁਨਤ ਸੁਖ ਸਾਰੇ॥		Jaa Kaa Sabadh Sunath Sukh Saarae ||	Hearing the Word of His Shabad, I am totally at peace.	ਹੇ ਭਾਈ! (ਉਹੀ ਹਨ ਮੇਰੇ ਮਿੱਤਰ) ਜਿਨ੍ਹਾਂ ਦਾ ਬਚਨ ਸੁਣਦਿਆਂ ਸਾਰੇ ਸੁਖ ਪ੍ਰਾਪਤ ਹੋ ਜਾਂਦੇ ਹਨ,
31766	739	ਜਾ ਕੀ ਟਹਲ ਜਮਦੂਤ ਬਿਦਾਰੇ॥੨॥		Jaa Kee Ttehal Jamadhooth Bidhaarae ||2||	When I serve Him, the Messenger of Death is chased away. ||2||	ਜਿਨ੍ਹਾਂ ਦੀ ਟਹਲ ਕੀਤਿਆਂ ਜਮਦੂਤ (ਭੀ) ਨਾਸ ਹੋ ਜਾਂਦੇ ਹਨ ॥੨॥
31767	739	ਜਾ ਕੀ ਧੀਰਕ ਇਸੁ ਮਨਹਿ ਸਧਾਰੇ॥		Jaa Kee Dhheerak Eis Manehi Sadhhaarae ||	His comfort and consolation soothes and supports my mind.	ਹੇ ਭਾਈ! (ਉਹੀ ਹਨ ਮੇਰੇ ਮਿੱਤਰ) ਜਿਨ੍ਹਾਂ ਦੀ (ਦਿੱਤੀ ਹੋਈ) ਧੀਰਜ (ਮੇਰੇ) ਇਸ ਮਨ ਨੂੰ ਸਹਾਰਾ ਦੇਂਦੀ ਹੈ,
31768	739	ਜਾ ਕੈ ਸਿਮਰਣਿ ਮੁਖ ਉਜਲਾਰੇ॥੩॥	ਉੱਜਲਾਰੇ	Jaa Kai Simaran Mukh Oujalaarae ||3||	Remembering Him in meditation, my face is radiant and bright. ||3||	ਜਿਨ੍ਹਾਂ (ਦੇ ਦਿੱਤੇ ਹੋਏ ਹਰਿ-ਨਾਮ) ਦੇ ਸਿਮਰਨ ਨਾਲ (ਲੋਕ ਪਰਲੋਕ ਵਿਚ) ਮੂੰਹ ਉਜਲਾ ਹੁੰਦਾ ਹੈ ॥੩॥

31769	739	ਪ੍ਰਭ ਕੇ ਸੇਵਕ ਪ੍ਰਭਿ ਆਪਿ ਸਵਾਰੇ॥		Prabh Kae Saevak Prabh Aap Savaarae ||	God embellishes and supports His servants.	ਹੇ ਨਾਨਕ! ਪ੍ਰਭੂ ਨੇ ਆਪ ਹੀ ਆਪਣੇ ਸੇਵਕਾਂ ਦਾ ਜੀਵਨ ਸੋਹਣਾ ਬਣਾ ਦਿੱਤਾ ਹੈ।
31770	739	ਸਰਣਿ ਨਾਨਕ ਤਿਨ ਸਦ ਬਲਿਹਾਰੇ॥੪॥੭॥੧੩॥		Saran Naanak Thinh Sadh Balihaarae ||4||7||13||	Nanak seeks the Protection of their Sanctuary; he is forever a sacrifice to them. ||4||7||13||	ਹੇ ਭਾਈ! ਉਹਨਾਂ ਸੇਵਕਾਂ ਦੀ ਸਰਨ ਪੈਣਾ ਚਾਹੀਦਾ ਹੈ, ਉਹਨਾਂ ਤੋਂ ਸਦਾ ਕੁਰਬਾਨ ਹੋਣਾ ਚਾਹੀਦਾ ਹੈ ॥੪॥੭॥੧੩॥
31771	740	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31772	740	ਰਹਣੁ ਨ ਪਾਵਹਿ ਸੁਰਿ ਨਰ ਦੇਵਾ॥		Rehan N Paavehi Sur Nar Dhaevaa ||	The angelic beings and demi-gods are not permitted to remain here.	ਹੇ ਭਾਈ! (ਅਨੇਕਾਂ ਮਨੁੱਖ ਆਪਣੇ ਆਪ ਨੂੰ) ਦੈਵੀ ਮਨੁੱਖ, ਦੇਵਤੇ (ਅਖਵਾਉਣ ਵਾਲੇ ਕੋਈ ਭੀ ਇਥੇ) ਸਦਾ ਲਈ ਟਿਕੇ ਨਹੀਂ ਰਹਿ ਸਕਦੇ।
31773	740	ਊਠਿ ਸਿਧਾਰੇ ਕਰਿ ਮੁਨਿ ਜਨ ਸੇਵਾ॥੧॥		Ooth Sidhhaarae Kar Mun Jan Saevaa ||1||	The silent sages and humble servants also must arise and depart. ||1||	(ਅਨੇਕਾਂ ਆਪਣੇ ਆਪ ਨੂੰ) ਰਿਸ਼ੀ ਮੁਨੀ (ਅਖਵਾ ਗਏ, ਅਨੇਕਾਂ ਹੀ ਉਹਨਾਂ ਦੀ) ਸੇਵਾ ਕਰ ਕੇ (ਜਗਤ ਤੋਂ ਆਖ਼ਰ ਆਪੋ ਆਪਣੀ ਵਾਰੀ) ਚਲੇ ਜਾਂਦੇ ਰਹੇ ॥੧॥
31774	740	ਜੀਵਤ ਪੇਖੇ ਜਿਨ੍ਹੀ ਹਰਿ ਹਰਿ ਧਿਆਇਆ॥		Jeevath Paekhae Jinhee Har Har Dhhiaaeiaa ||	Only those who meditate on the Lord, Har, Har, are seen to live on.	ਹੇ ਭਾਈ! ਆਤਮਕ ਜੀਵਨ ਵਾਲੇ (ਸਫਲ ਜੀਵਨ ਵਾਲੇ ਸਿਰਫ਼ ਉਹੀ) ਵੇਖੇ ਜਾਂਦੇ ਹਨ ਜਿਨ੍ਹਾਂ ਨੇ ਪਰਮਾਤਮਾ ਦਾ ਸਿਮਰਨ ਕੀਤਾ ਹੈ।

31775	740	ਸਾਧਸੰਗਿ ਤਿਨ੍ਹੀ ਦਰਸਨੁ ਪਾਇਆ॥੧॥ਰਹਾਉ ॥		Saadhhasang Thinhee Dharasan Paaeiaa ||1|| Rehaao ||	In the Saadh Sangat, the Company of the Holy, they obtain the Blessed Vision of the Lord's Darshan. ||1||Pause||	ਉਹਨਾਂ ਨੇ ਹੀ ਸਾਧ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਦਰਸਨ ਕੀਤਾ ਹੈ ॥੧॥ ਰਹਾਉ ॥
31776	740	ਬਾਦਿਸਾਹ ਸਾਹ ਵਾਪਾਰੀ ਮਰਨਾ॥		Baadhisaah Saah Vaapaaree Maranaa ||	Kings, emperors and merchants must die.	ਹੇ ਭਾਈ! ਸ਼ਾਹ, ਵਾਪਾਰੀ, ਬਾਦਸ਼ਾਹ (ਸਭਨਾਂ ਨੇ ਆਖ਼ਰ) ਮਰਨਾ ਹੈ।
31777	740	ਜੋ ਦੀਸੈ ਸੋ ਕਾਲਹਿ ਖਰਨਾ॥੨॥		Jo Dheesai So Kaalehi Kharanaa ||2||	Whoever is seen shall be consumed by death. ||2||	ਜੇਹੜਾ ਭੀ ਕੋਈ (ਇਥੇ) ਦਿੱਸਦਾ ਹੈ, ਹਰੇਕ ਨੂੰ ਮੌਤ ਨੇ ਲੈ ਜਾਣਾ ਹੈ ॥੨॥
31778	740	ਕੂੜੈ ਮੋਹਿ ਲਪਟਿ ਲਪਟਾਨਾ॥		Koorrai Mohi Lapatt Lapattaanaa ||	Mortal beings are entangled, clinging to false worldly attachments.	ਹੇ ਭਾਈ! ਮਨੁੱਖ ਝੂਠੇ ਮੋਹ ਵਿਚ ਸਦਾ ਫਸਿਆ ਰਹਿੰਦਾ ਹੈ (ਤੇ, ਪਰਮਾਤਮਾ ਨੂੰ ਭੁਲਾਈ ਰੱਖਦਾ ਹੈ,
31779	740	ਛੋਡਿ ਚਲਿਆ ਤਾ ਫਿਰਿ ਪਛੁਤਾਨਾ॥੩॥		Shhodd Chaliaa Thaa Fir Pashhuthaanaa ||3||	And when they must leave them behind, then they regret and grieve. ||3||	ਪਰ ਜਦੋਂ ਦੁਨੀਆ ਦੇ ਪਦਾਰਥ) ਛੱਡ ਕੇ ਤੁਰਦਾ ਹੈ, ਤਾਂ ਤਦੋਂ ਪਛੁਤਾਂਦਾ ਹੈ ॥੩॥
31780	740	ਕ੍ਰਿਪਾਨਿਧਾਨ ਨਾਨਕ ਕਉ ਕਰਹੁ ਦਾਤਿ॥		Kirapaa Nidhhaan Naanak Ko Karahu Dhaath ||	O Lord, O treasure of mercy, please bless Nanak with this gift,	ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! (ਮੈਨੂੰ) ਨਾਨਕ ਨੂੰ (ਇਹ) ਦਾਤ ਦੇਹ (ਕਿ)

31781	740	ਨਾਮੁ ਤੇਰਾ ਜਪੀ ਦਿਨੁ ਰਾਤਿ॥੪॥੮॥੧੪॥		Naam Thaeraa Japee Dhin Raath ||4||8||14||	That he may chant Your Name, day and night. ||4||8||14||	ਮੈਂ (ਨਾਨਕ) ਦਿਨ ਰਾਤ ਤੇਰਾ ਨਾਮ ਜਪਦਾ ਰਹਾਂ ॥੪॥੮॥੧੪॥
31782	740	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31783	740	ਘਟ ਘਟ ਅੰਤਰਿ ਤੁਮਹਿ ਬਸਾਰੇ॥		Ghatt Ghatt Anthar Thumehi Basaarae ||	You dwell deep within the heart of each and every being.	ਹੇ ਪ੍ਰਭੂ! ਹਰੇਕ ਸਰੀਰ ਵਿਚ ਤੂੰ ਹੀ ਵੱਸਦਾ ਹੈਂ,
31784	740	ਸਗਲ ਸਮਗ੍ਰੀ ਸੂਤਿ ਤੁਮਾਰੇ॥੧॥	ਸਮੱਗ੍ਰੀ	Sagal Samagree Sooth Thumaarae ||1||	The entire universe is strung on Your Thread. ||1||	(ਦੁਨੀਆ ਦੀਆਂ) ਸਾਰੀਆਂ ਚੀਜ਼ਾਂ ਤੇਰੀ ਹੀ ਮਰਯਾਦਾ ਦੇ ਧਾਗੇ ਵਿਚ (ਪ੍ਰੋਤੀਆਂ ਹੋਈਆਂ) ਹਨ ॥੧॥
31785	740	ਤੂੰ ਪ੍ਰੀਤਮ ਤੂੰ ਪ੍ਰਾਨ ਅਧਾਰੇ॥		Thoon Preetham Thoon Praan Adhhaarae ||	You are my Beloved, the Support of my breath of life.	ਹੇ ਪ੍ਰਭੂ! ਤੂੰ ਸਾਡਾ ਪ੍ਰੀਤਮ ਹੈਂ, ਤੂੰ ਸਾਡੀ ਜਿੰਦ ਦਾ ਆਸਰਾ ਹੈਂ।
31786	740	ਤੁਮ ਹੀ ਪੇਖਿ ਪੇਖਿ ਮਨੁ ਬਿਗਸਾਰੇ॥੧॥ਰਹਾਉ॥		Thum Hee Paekh Paekh Man Bigasaarae ||1|| Rehaao ||	Beholding You, gazing upon You, my mind blossoms forth. ||1||Pause||	ਤੈਨੂੰ ਹੀ ਵੇਖ ਵੇਖ ਕੇ (ਸਾਡਾ) ਮਨ ਖ਼ੁਸ਼ ਹੁੰਦਾ ਹੈ ॥੧॥ ਰਹਾਉ॥

31787	740	ਅਨਿਕ ਜੋਨਿ ਭ੍ਰਮਿ ਭ੍ਰਮਿ ਭ੍ਰਮਿ ਹਾਰੇ॥		Anik Jon Bhram Bhram Bhram Haarae ||	Wandering, wandering, wandering through countless incarnations, I have grown so weary.	ਹੇ ਪ੍ਰਭੂ! (ਤੈਥੋਂ ਵਿਛੁੜ ਕੇ ਜੀਵ) ਅਨੇਕਾਂ ਜੂਨਾਂ ਵਿਚ ਭਟਕ ਭਟਕ ਕੇ ਥੱਕ ਜਾਂਦੇ ਹਨ।
31788	740	ਓਟ ਗਹੀ ਅਬ ਸਾਧਸੰਗਾਰੇ॥੨॥		Outt Gehee Ab Saadhh Sangaarae ||2||	Now, I hold tight to the Saadh Sangat, the Company of the Holy. ||2||	ਮਨੁੱਖਾ ਜਨਮ ਵਿਚ ਆ ਕੇ (ਤੇਰੀ ਮੇਹਰ ਨਾਲ) ਸਾਧ ਸੰਗਤਿ ਦਾ ਆਸਰਾ ਲੈਂਦੇ ਹਨ ॥੨॥
31789	740	ਅਗਮ ਅਗੋਚਰੁ ਅਲਖ ਅਪਾਰੇ॥		Agam Agochar Alakh Apaarae ||	You are inaccessible, incomprehensible, invisible and infinite.	ਹੇ ਭਾਈ! (ਪਰਮਾਤਮਾ) ਜੋ ਅਪਹੁੰਚ ਹੈ, ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਜੋ ਮਨੁੱਖ ਦੀ ਸਮਝ ਤੋਂ ਪਰੇ ਹੈ, ਅਤੇ ਜੋ ਬੇਅੰਤ ਹੈ,
31790	740	ਨਾਨਕੁ ਸਿਮਰੈ ਦਿਨੁ ਰੈਨਾਰੇ॥੩॥੯॥੧੫॥		Naanak Simarai Dhin Rainaarae ||3||9||15||	Nanak remembers You in meditation, day and night. ||3||9||15||	(ਸਾਧ ਸੰਗਤਿ ਦੀ ਬਰਕਤਿ ਨਾਲ) ਨਾਨਕ ਦਿਨ ਰਾਤ ਉਸ ਦਾ ਨਾਮ ਸਿਮਰਦਾ ਹੈ ॥੩॥੯॥੧੫॥
31791	740	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31792	740	ਕਵਨ ਕਾਜ ਮਾਇਆ ਵਡਿਆਈ॥		Kavan Kaaj Maaeiaa Vaddiaaee ||	What is the use of the glory of Maya?	ਹੇ ਭਾਈ! ਉਸ ਮਾਇਆ ਦੇ ਕਾਰਨ ਮਿਲੀ ਵਡਿਆਈ ਭੀ ਕਿਸੇ ਕੰਮ ਨਹੀਂ,

31793	740	ਜਾ ਕਉ ਬਿਨਸਤ ਬਾਰ ਨ ਕਾਈ॥੧॥		Jaa Ko Binasath Baar N Kaaee ||1||	It disappears in no time at all. ||1||	ਜਿਸ ਮਾਇਆ ਦੇ ਨਾਸ ਹੁੰਦਿਆਂ ਰਤਾ ਚਿਰ ਨਹੀਂ ਲੱਗਦਾ ॥੧॥
31794	740	ਇਹੁ ਸੁਪਨਾ ਸੋਵਤ ਨਹੀ ਜਾਨੈ॥		Eihu Supanaa Sovath Nehee Jaanai ||	This is a dream, but the sleeper does not know it.	ਹੇ ਭਾਈ! ਇਹ (ਜਗਤ ਇਉਂ ਹੈ, ਜਿਵੇਂ) ਸੁਪਨਾ (ਹੁੰਦਾ) ਹੈ, (ਸੁਪਨੇ ਵਿਚ) ਸੁੱਤਾ ਹੋਇਆ ਮਨੁੱਖ (ਇਹ) ਨਹੀਂ ਜਾਣਦਾ (ਕਿ ਮੈਂ ਸੁੱਤਾ ਪਿਆ ਹਾਂ, ਤੇ ਸੁਪਨਾ ਵੇਖ ਰਿਹਾ ਹਾਂ।
31795	740	ਅਚੇਤ ਬਿਵਸਥਾ ਮਹਿ ਲਪਟਾਨੈ॥੧॥ ਰਹਾਉ॥		Achaeth Bivasathhaa Mehi Lapattaanai ||1|| Rehaao ||	In his unconscious state, he clings to it. ||1||Pause||	ਇਸੇ ਤਰ੍ਹਾਂ ਮਨੁੱਖ ਜਗਤ ਦੇ ਮੋਹ ਵਾਲੀ) ਗ਼ਾਫ਼ਲ ਹਾਲਤ ਵਿਚ (ਜਗਤ ਦੇ ਮੋਹ ਨਾਲ) ਚੰਬੜਿਆ ਰਹਿੰਦਾ ਹੈ ॥੧॥ ਰਹਾਉ ॥
31796	740	ਮਹਾ ਮੋਹਿ ਮੋਹਿਓ ਗਾਵਾਰਾ॥		Mehaa Mohi Mohiou Gaavaaraa ||	The poor fool is enticed by the great attachments of the world.	ਹੇ ਭਾਈ! ਮੂਰਖ ਮਨੁੱਖ ਮਾਇਆ ਦੇ ਵੱਡੇ ਮੋਹ ਵਿਚ ਮਸਤ ਰਹਿੰਦਾ ਹੈ,
31797	740	ਪੇਖਤ ਪੇਖਤ ਊਠਿ ਸਿਧਾਰਾ॥੨॥		Paekhath Paekhath Ooth Sidhhaaraa ||2||	Gazing upon them, watching them, he must still arise and depart. ||2||	ਪਰ ਵੇਂਹਦਿਆਂ ਵੇਂਹਦਿਆਂ ਹੀ (ਇਥੋਂ) ਉਠ ਕੇ ਤੁਰ ਪੈਂਦਾ ਹੈ ॥੨॥
31798	740	ਊਚ ਤੇ ਊਚ ਤਾ ਕਾ ਦਰਬਾਰਾ॥		Ooch Thae Ooch Thaa Kaa Dharabaaraa ||	The Royal Court of His Darbaar is the highest of the high.	ਹੇ ਭਾਈ! (ਪਰਮਾਤਮਾ ਦਾ ਨਾਮ ਹੀ ਜਪ) ਉਸ ਦਾ ਦਰਬਾਰ ਉੱਚੇ ਤੋਂ ਉੱਚਾ ਹੈ।

31799	740	ਕਈ ਜੰਤ ਬਿਨਾਹਿ ਉਪਾਰਾ॥੩॥	(ਬਿਨਾਹਿ)ਨਾਸ। (ਉਪਾਰਾ)ਉਤਪਤ	Kee Janth Binaahi Oupaaraa ||3||	He creates and destroys countless beings. ||3||	ਉਹ ਅਨੇਕਾਂ ਜੀਵਾਂ ਨੂੰ ਨਾਸ ਭੀ ਕਰਦਾ ਹੈ, ਤੇ, ਪੈਦਾ ਭੀ ਕਰਦਾ ਹੈ ॥੩॥
31800	740	ਦੂਸਰ ਹੋਆ ਨਾ ਕੋ ਹੋਈ॥		Dhoosar Hoaa Naa Ko Hoee ||	There has never been any other, and there shall never be.	ਜਿਸ ਪਰਮਾਤਮਾ ਵਰਗਾ ਹੋਰ ਕੋਈ ਦੂਜਾ ਨਾਹ ਅਜੇ ਤਕ ਕੋਈ ਹੋਇਆ ਹੈ, ਨਾਹ ਹੀ (ਅਗਾਂਹ ਨੂੰ) ਹੋਵੇਗਾ,
31801	740	ਜਪਿ ਨਾਨਕ ਪ੍ਰਭ ਏਕੋ ਸੋਈ॥੪॥੧੦॥੧੬॥		Jap Naanak Prabh Eaeko Soee ||4||10||16||	O Nanak, meditate on the One God. ||4||10||16||	ਹੇ ਨਾਨਕ! ਉਸ ਇਕ ਪਰਮਾਤਮਾ ਦਾ ਨਾਮ ਹੀ ਜਪਿਆ ਕਰ ॥੪॥੧੦॥੧੬॥
31802	740	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31803	740	ਸਿਮਰਿ ਸਿਮਰਿ ਤਾ ਕਉ ਹਉ ਜੀਵਾ॥		Simar Simar Thaa Ko Ho Jeevaa ||	Meditating, meditating in remembrance on Him, I live.	ਹੇ ਭਾਈ! (ਭਗਤ ਜਨਾਂ ਦੇ ਅੰਗ-ਸੰਗ ਰਹਿਣ ਵਾਲੇ) ਉਸ (ਪ੍ਰਭੂ ਦੇ ਨਾਮ) ਨੂੰ ਮੈਂ ਸਦਾ ਸਿਮਰ ਕੇ ਆਤਮਕ ਜੀਵਨ ਹਾਸਲ ਕਰ ਰਿਹਾ ਹਾਂ।
31804	740	ਚਰਣਕਮਲ ਤੇਰੇ ਧੋਇ ਧੋਇ ਪੀਵਾ॥੧॥		Charan Kamal Thaerae Dhhoe Dhhoe Peevaa ||1||	I wash Your Lotus Feet, and drink in the wash water. ||1||	ਹੇ ਪ੍ਰਭੂ! ਮੈਂ ਤੇਰੇ ਸੋਹਣੇ ਚਰਨ ਧੋ ਧੋ ਕੇ (ਨਿੱਤ) ਪੀਂਦਾ ਹਾਂ ॥੧॥
31805	740	ਸੋ ਹਰਿ ਮੇਰਾ ਅੰਤਰਜਾਮੀ॥		So Har Maeraa Antharajaamee ||	He is my Lord, the Inner-knower, the Searcher of hearts.	ਹੇ ਭਾਈ! ਮਾਲਕ-ਪ੍ਰਭੂ ਆਪਣੇ ਭਗਤ ਜਨਾਂ ਦੇ ਨਾਲ ਵੱਸਦਾ ਹੈ।

31806	740	ਭਗਤ ਜਨਾ ਕੈ ਸੰਗਿ ਸੁਆਮੀ॥੧॥ਰਹਾਉ ॥		Bhagath Janaa Kai Sang Suaamee ||1|| Rehaao ||	My Lord and Master abides with His humble devotees. ||1||Pause||	ਮੇਰਾ ਉਹ ਹਰੀ-ਪ੍ਰਭੂ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ ॥੧॥ ਰਹਾਉ ॥
31807	740	ਸੁਣਿ ਸੁਣਿ ਅੰਮ੍ਰਿਤ ਨਾਮੁ ਧਿਆਵਾ॥		Sun Sun Anmrith Naam Dhhiaavaa ||	Hearing, hearing Your Ambrosial Naam, I meditate on it.	ਹੇ ਪ੍ਰਭੂ! ਮੁੜ ਮੁੜ (ਇਹ) ਸੁਣ ਕੇ (ਕਿ ਤੇਰਾ) ਨਾਮ ਆਤਮਕ ਜੀਵਨ ਦੇਣ ਵਾਲਾ (ਹੈ,) ਮੈਂ (ਤੇਰਾ ਨਾਮ) ਸਿਮਰਦਾ ਰਹਿੰਦਾ ਹਾਂ,
31808	740	ਆਠ ਪਹਰ ਤੇਰੇ ਗੁਣ ਗਾਵਾ॥੨॥		Aath Pehar Thaerae Gun Gaavaa ||2||	Twenty-four hours a day, I sing Your Glorious Praises. ||2||	ਅੱਠੇ ਪਹਰ ਮੈਂ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹਾਂ ॥੨॥
31809	740	ਪੇਖਿ ਪੇਖਿ ਲੀਲਾ ਮਨਿ ਆਨੰਦਾ॥		Paekh Paekh Leelaa Man Aanandhaa ||	Beholding, beholding Your divine play, my mind is in bliss.	ਹੇ ਪ੍ਰਭੂ! ਤੇਰੇ ਕੌਤਕ ਵੇਖ ਵੇਖ ਕੇ ਮੇਰੇ ਮਨ ਵਿਚ ਆਨੰਦ ਪੈਦਾ ਹੁੰਦਾ ਹੈ
31810	740	ਗੁਣ ਅਪਾਰ ਪ੍ਰਭ ਪਰਮਾਨੰਦਾ॥੩॥		Gun Apaar Prabh Paramaanandhaa ||3||	Your Glorious Virtues are infinite, O God, O Lord of supreme bliss. ||3||	ਹੇ ਸਭ ਤੋਂ ਉੱਚੇ ਆਨੰਦ ਦੇ ਮਾਲਕ ਪ੍ਰਭੂ! ਤੇਰੇ ਗੁਣ ਬੇਅੰਤ ਹਨ ॥੩॥
31811	740	ਜਾ ਕੈ ਸਿਮਰਨਿ ਕਛੁ ਭਉ ਨ ਬਿਆਪੈ॥		Jaa Kai Simaran Kashh Bho N Biaapai ||	Meditating in remembrance on Him, fear cannot touch me.	ਜਿਸ ਦੇ ਸਿਮਰਨ ਦੀ ਬਰਕਤਿ ਨਾਲ ਕੋਈ ਡਰ ਪੋਹ ਨਹੀਂ ਸਕਦਾ,

31812	740	ਸਦਾ ਸਦਾ ਨਾਨਕ ਹਰਿ ਜਾਪੈ॥੪॥੧੧॥੧੭॥		Sadhaa Sadhaa Naanak Har Jaapai ||4||11||17||	Forever and ever, Nanak meditates on the Lord. ||4||11||17||	ਹੇ ਨਾਨਕ! ਤੂੰ ਭੀ ਸਦਾ ਹੀ ਉਸ ਹਰੀ ਦਾ ਨਾਮ ਜਪਿਆ ਕਰ ॥੪॥੧੧॥੧੭॥
31813	740	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31814	740	ਗੁਰ ਕੈ ਬਚਨਿ ਰਿਦੈ ਧਿਆਨੁ ਧਾਰੀ॥		Gur Kai Bachan Ridhai Dhhiaan Dhhaaree ||	Within my heart, I meditate on the Word of the Guru's Teachings.	ਹੇ ਭਾਈ! ਗੁਰੂ ਦੇ ਸ਼ਬਦ ਦੀ ਰਾਹੀਂ ਮੈਂ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਧਿਆਨ ਧਰਦਾ ਹਾਂ,
31815	740	ਰਸਨਾ ਜਾਪੁ ਜਪਉ ਬਨਵਾਰੀ॥੧॥		Rasanaa Jaap Japo Banavaaree ||1||	With my tongue, I chant the Chant of the Lord. ||1||	ਅਤੇ ਆਪਣੀ ਜੀਭ ਨਾਲ ਪਰਮਾਤਮਾ (ਦੇ ਨਾਮ) ਦਾ ਜਾਪ ਜਪਦਾ ਹਾਂ ॥੧॥
31816	740	ਸਫਲ ਮੂਰਤਿ ਦਰਸਨ ਬਲਿਹਾਰੀ॥		Safal Moorath Dharasan Balihaaree ||	The image of His vision is fruitful; I am a sacrifice to it.	ਹੇ ਭਾਈ! ਗੁਰੂ ਦੀ ਹਸਤੀ ਮਨੁੱਖਾ ਜੀਵਨ ਦਾ ਫਲ ਦੇਣ ਵਾਲੀ ਹੈ। ਮੈਂ (ਗੁਰੂ ਦੇ) ਦਰਸਨ ਤੋਂ ਸਦਕੇ ਜਾਂਦਾ ਹਾਂ।
31817	740	ਚਰਣਕਮਲ ਮਨ ਪ੍ਰਾਣ ਅਧਾਰੀ॥੧॥ਰਹਾਉ ॥		Charan Kamal Man Praan Adhhaaree ||1|| Rehaao ||	His Lotus Feet are the Support of the mind, the Support of the very breath of life. ||1||Pause||	ਗੁਰੂ ਦੇ ਕੋਮਲ ਚਰਨਾਂ ਨੂੰ ਮੈਂ ਆਪਣੇ ਮਨ ਦਾ ਜਿੰਦ ਦਾ ਆਸਰਾ ਬਣਾਂਦਾ ਹਾਂ ॥੧॥ ਰਹਾਉ ॥

31818	740	ਸਾਧਸੰਗਿ ਜਨਮ ਮਰਣ ਨਿਵਾਰੀ॥		Saadhhasang Janam Maran Nivaaree ||	In the Saadh Sangat, the Company of the Holy, the cycle of birth and death is ended.	ਹੇ ਭਾਈ! ਗੁਰੂ ਦੀ ਸੰਗਤਿ ਵਿਚ (ਰਹਿ ਕੇ) ਮੈਂ ਜਨਮ ਮਰਨ ਦਾ ਗੇੜ ਮੁਕਾ ਲਿਆ ਹੈ,
31819	740	ਅੰਮ੍ਰਿਤ ਕਥਾ ਸੁਣਿ ਕਰਨ ਅਧਾਰੀ॥੨॥		Anmrith Kathhaa Sun Karan Adhhaaree ||2||	To hear the Ambrosial Sermon is the support of my ears. ||2||	ਅਤੇ ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ ਕੰਨਾਂ ਨਾਲ ਸੁਣ ਕੇ (ਇਸ ਨੂੰ ਮੈਂ ਆਪਣੇ ਜੀਵਨ ਦਾ) ਆਸਰਾ ਬਣਾ ਰਿਹਾ ਹਾਂ ॥੨॥
31820	740	ਕਾਮ ਕ੍ਰੋਧ ਲੋਭ ਮੋਹ ਤਜਾਰੀ॥	(ਤਜਾਰੀ)ਤਿਆਗ ਦਿਤੇ	Kaam Krodhh Lobh Moh Thajaaree ||	I have renounced sexual desire, anger, greed and emotional attachment.	ਹੇ ਭਾਈ! (ਗੁਰੂ ਦੀ ਬਰਕਤਿ ਨਾਲ) ਮੈਂ ਕਾਮ ਕ੍ਰੋਧ ਲੋਭ ਮੋਹ (ਆਦਿਕ) ਨੂੰ ਤਿਆਗਿਆ ਹੈ।
31821	740	ਦ੍ਰਿੜੁ ਨਾਮ ਦਾਨੁ ਇਸਨਾਨੁ ਸੁਚਾਰੀ॥੩॥	(ਸੁਚਾਰੀ)ਸ੍ਰੇਸ਼ਟ ਅਚਾਰ। (ਦ੍ਰਿੜ੍ਹ) ਕੀਤਾ ਹੈ	Dhrirr Naam Dhaan Eisanaan Suchaaree ||3||	I have enshrined the Naam within myself, with charity, true cleansing and righteous conduct. ||3||	ਹਿਰਦੇ ਵਿਚ ਪ੍ਰਭੂ-ਨਾਮ ਨੂੰ ਪੱਕਾ ਕਰ ਕੇ ਟਿਕਾਣਾ, ਦੂਜਿਆਂ ਦੀ ਸੇਵਾ ਕਰਨੀ, ਆਚਰਨ ਨੂੰ ਪਵਿਤ੍ਰ ਰੱਖਣਾ-ਇਹ ਮੈਂ ਚੰਗੀ ਜੀਵਨ-ਮਰਯਾਦਾ ਬਣਾ ਲਈ ਹੈ ॥੩॥
31822	740	ਕਹੁ ਨਾਨਕ ਇਹੁ ਤਤੁ ਬੀਚਾਰੀ॥		Kahu Naanak Eihu Thath Beechaaree ||	Says Nanak, I have contemplated this essence of reality;	ਨਾਨਕ ਆਖਦਾ ਹੈ- (ਹੇ ਭਾਈ! ਤੂੰ ਭੀ) ਇਹ ਅਸਲੀਅਤ ਆਪਣੇ ਮਨ ਵਿਚ ਵਸਾ ਲੈ,

31823	740	ਰਾਮ ਨਾਮ ਜਪਿ ਪਾਰਿ ਉਤਾਰੀ॥੪॥੧੨॥੧੮॥		Raam Naam Jap Paar Outhaaree ||4||12||18||	Chanting the Name of the Lord, I am carried across. ||4||12||18||	ਅਤੇ ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਜਪ ਕੇ (ਆਪਣੇ ਆਪ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈ ॥੪॥੧੨॥੧੮॥
31824	740	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31825	740	ਲੋਭਿ ਮੋਹਿ ਮਗਨ ਅਪਰਾਧੀ॥		Lobh Mohi Magan Aparaadhhee ||	The sinner is absorbed in greed and emotional attachment.	ਹੇ ਪ੍ਰਭੂ! ਅਸੀਂ ਭੁੱਲਣਹਾਰ ਜੀਵ ਲੋਭ ਵਿਚ ਮੋਹ ਵਿਚ ਮਸਤ ਰਹਿੰਦੇ ਹਾਂ।
31826	741	ਕਰਣਹਾਰ ਕੀ ਸੇਵ ਨ ਸਾਧੀ॥੧॥		Karanehaar Kee Saev N Saadhhee ||1||	He has not performed any service to the Creator Lord. ||1||	ਤੂੰ ਸਾਨੂੰ ਪੈਦਾ ਕਰਨ ਵਾਲਾ ਹੈਂ, ਅਸੀਂ ਤੇਰੀ ਸੇਵਾ-ਭਗਤੀ ਨਹੀਂ ਕਰਦੇ ॥੧॥
31827	741	ਪਤਿਤ ਪਾਵਨ ਪ੍ਰਭ ਨਾਮ ਤੁਮਾਰੇ॥		Pathith Paavan Prabh Naam Thumaarae ||	O God, Your Name is the Purifier of sinners.	ਹੇ ਪ੍ਰਭੂ! ਤੇਰਾ ਨਾਮ ਵਿਕਾਰੀਆਂ ਨੂੰ ਪਵਿਤ੍ਰ ਕਰਨ ਵਾਲਾ ਹੈ।
31828	741	ਰਾਖਿ ਲੇਹੁ ਮੋਹਿ ਨਿਰਗੁਨੀਆਰੇ॥੧॥ ਰਹਾਉ॥		Raakh Laehu Mohi Niraguneeaarae ||1|| Rehaao ||	I am worthless - please save me! ||1||Pause||	ਮੈਨੂੰ ਗੁਣ-ਹੀਨ ਨੂੰ (ਆਪਣਾ ਨਾਮ ਦੇ ਕੇ) ਵਿਕਾਰਾਂ ਤੋਂ ਬਚਾਈ ਰੱਖ ॥੧॥ ਰਹਾਉ ॥
31829	741	ਤੂੰ ਦਾਤਾ ਪ੍ਰਭ ਅੰਤਰਜਾਮੀ ॥		Thoon Dhaathaa Prabh Antharajaamee ||	O God, You are the Great Giver, the Inner-knower, the Searcher of hearts.	ਹੇ ਪ੍ਰਭੂ! ਤੂੰ ਸਾਨੂੰ ਸਭ ਦਾਤਾਂ ਦੇਣ ਵਾਲਾ ਹੈਂ, ਸਾਡੇ ਦਿਲ ਦੀ ਜਾਣਨ ਵਾਲਾ ਹੈਂ।

31830	741	ਕਾਚੀ ਦੇਹ ਮਾਨੁਖ ਅਭਿਮਾਨੀ॥੨॥		Kaachee Dhaeh Maanukh Abhimaanee ||2||	The body of the egotistical human is perishable. ||2||	ਪਰ ਅਸੀਂ ਜੀਵ ਇਸ ਨਾਸਵੰਤ ਸਰੀਰ ਦਾ ਹੀ ਮਾਣ ਕਰਦੇ ਰਹਿੰਦੇ ਹਾਂ (ਤੇ, ਤੈਨੂੰ ਯਾਦ ਨਹੀਂ ਕਰਦੇ) ॥੨॥
31831	741	ਸੁਆਦ ਬਾਦ ਈਰਖ ਮਦ ਮਾਇਆ॥		Suaadh Baadh Eerakh Madh Maaeiaa ||	Tastes and pleasures, conflicts and jealousy, and intoxication with Maya	ਹੇ ਪ੍ਰਭੂ! (ਦੁਨੀਆ ਦੇ ਪਦਾਰਥਾਂ ਦੇ) ਚਸਕੇ, ਝਗੜੇ, ਸਾੜਾ, ਮਾਇਆ ਦਾ ਮਾਣ-
31832	741	ਇਨ ਸੰਗਿ ਲਾਗਿ ਰਤਨ ਜਨਮੁ ਗਵਾਇਆ॥੩॥		Ein Sang Laag Rathan Janam Gavaaeiaa ||3||	- attached to these, the jewel of human life is wasted. ||3||	ਅਸੀਂ ਜੀਵ ਇਹਨਾਂ ਵਿਚ ਹੀ ਲੱਗ ਕੇ ਕੀਮਤੀ ਮਨੁੱਖਾ ਜਨਮ ਨੂੰ ਗਵਾ ਰਹੇ ਹਾਂ ॥੩॥
31833	741	ਦੁਖਭੰਜਨ ਜਗਜੀਵਨ ਹਰਿ ਰਾਇਆ॥	ਜੱਗਜੀਵਨ	Dhukh Bhanjan Jagajeevan Har Raaeiaa ||	The Sovereign Lord King is the Destroyer of pain, the Life of the world.	ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਹੇ ਜਗਤ ਦੇ ਜੀਵਨ! ਹੇ ਪ੍ਰਭੂ ਪਾਤਿਸ਼ਾਹ!
31834	741	ਸਗਲ ਤਿਆਗਿ ਨਾਨਕੁ ਸਰਣਾਇਆ॥੪॥੧੩॥੧੯॥		Sagal Thiaag Naanak Saranaaeiaa ||4||13||19||	Forsaking everything, Nanak has entered His Sanctuary. ||4||13||19||	ਹੋਰ ਸਾਰੇ (ਆਸਰੇ ਛੱਡ ਕੇ ਨਾਨਕ ਤੇਰੀ ਸਰਨ ਆਇਆ ਹੈ ॥੪॥੧੩॥੧੯॥
31835	741	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	

31836	741	ਪੇਖਤ ਚਾਖਤ ਕਹੀਅਤ ਅੰਧਾ ਸੁਨੀਅਤ ਸੁਨੀਐ ਨਾਹੀ॥		Paekhath Chaakhath Keheeath Andhhaa Suneeath Suneeai Naahee ||	He sees with his eyes, but he is called blind; he hears, but he does not hear.	ਹੇ ਭਾਈ! (ਪਰਮਾਤਮਾ ਹਰ ਵੇਲੇ ਮਨੁੱਖ ਦੇ ਅੰਗ-ਸੰਗ ਵੱਸਦਾ ਹੈ, ਪਰ ਮਨੁੱਖ ਉਸ ਨੂੰ ਵੇਖਦਾ ਨਹੀਂ। ਇਸ ਵਾਸਤੇ, ਦੁਨੀਆ ਦੇ ਹੋਰ ਸਾਰੇ ਪਦਾਰਥ) ਵੇਖਦਾ ਚਾਖਦਾ ਹੋਇਆ ਭੀ (ਆਤਮਕ ਜੀਵਨ ਵਲੋਂ) ਅੰਨ੍ਹਾ ਹੀ ਕਿਹਾ ਜਾ ਸਕਦਾ ਹੈ। (ਦੁਨੀਆ ਦੇ ਹੋਰ ਰਾਗ ਨਾਦ) ਸੁਣਦਾ ਹੋਇਆ ਭੀ (ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਹੀਂ ਸੁਣ ਰਿਹਾ (ਆਤਮਕ ਜੀਵਨ ਵਲੋਂ ਬੋਲਾ ਹੀ ਹੈ)।
31837	741	ਨਿਕਟਿ ਵਸਤੁ ਕਉ ਜਾਣੈ ਦੂਰੇ ਪਾਪੀ ਪਾਪ ਕਮਾਹੀ॥੧॥		Nikatt Vasath Ko Jaanai Dhoorae Paapee Paap Kamaahee ||1||	And the One who dwells near at hand, he thinks that He is far away; the sinner is committing sins. ||1||	ਨੇੜੇ ਵੱਸ ਰਹੇ (ਨਾਮ-) ਪਦਾਰਥ ਨੂੰ ਕਿਤੇ ਦੂਰ ਸਮਝਦਾ ਹੈ। ਇਸ ਉਕਾਈ ਦੇ ਕਾਰਨ) ਵਿਕਾਰਾਂ ਵਿਚ ਫਸੇ ਹੋਏ ਮਨੁੱਖ ਵਿਕਾਰ ਹੀ ਕਰਦੇ ਰਹਿੰਦੇ ਹਨ ॥੧॥
31838	741	ਸੋ ਕਿਛੁ ਕਰਿ ਜਿਤੁ ਛੁਟਹਿ ਪਰਾਨੀ॥		So Kishh Kar Jith Shhuttehi Paraanee ||	Do only those deeds which will save you, O mortal being.	ਹੇ ਪ੍ਰਾਣੀ! ਕੋਈ ਉਹ ਕੰਮ ਕਰ ਜਿਸ ਦੀ ਬਰਕਤਿ ਨਾਲ ਤੂੰ (ਵਿਕਾਰਾਂ ਤੋਂ) ਬਚਿਆ ਰਹਿ ਸਕੇਂ।
31839	741	ਹਰਿ ਹਰਿ ਨਾਮੁ ਜਪਿ ਅੰਮ੍ਰਿਤ ਬਾਨੀ॥੧॥ਰਹਾਉ॥		Har Har Naam Jap Anmrith Baanee ||1|| Rehaao ||	Chant the Name of the Lord, Har, Har, and the Ambrosial Word of His Bani. ||1||Pause||	ਸਦਾ ਪਰਮਾਤਮਾ ਦਾ ਨਾਮ ਜਪਿਆ ਕਰ। (ਪ੍ਰਭੂ ਦੀ ਸਿਫ਼ਿਤ-ਸਾਲਾਹ ਦੀ) ਬਾਣੀ ਆਤਮਕ ਜੀਵਨ ਦੇਣ ਵਾਲੀ ਹੈ ॥੧॥ ਰਹਾਉ ॥

31840	741	ਘੋਰ ਮਹਲ ਸਦਾ ਰੰਗਿ ਰਾਤਾ॥		Ghor Mehal Sadhaa Rang Raathaa ||	You are forever imbued with the love of horses and mansions.	ਹੇ ਪ੍ਰਾਣੀ! ਤੂੰ ਸਦਾ ਘੋੜੇ ਮਹਲ-ਮਾੜੀਆਂ ਆਦਿਕ ਦੇ ਪਿਆਰ ਵਿਚ ਮਸਤ ਰਹਿੰਦਾ ਹੈਂ,
31841	741	ਸੰਗਿ ਤੁਮ੍ਹਾਰੈ ਕਛੂ ਨ ਜਾਤਾ॥੨॥		Sang Thumhaarai Kashhoo N Jaathaa ||2||	Nothing shall go along with you. ||2||	(ਪਰ ਇਹਨਾਂ ਵਿਚੋਂ) ਕੋਈ ਭੀ ਚੀਜ਼ ਤੇਰੇ ਨਾਲ ਨਹੀਂ ਜਾ ਸਕਦੀ ॥੨॥
31842	741	ਰਖਹਿ ਪੋਚਾਰਿ ਮਾਟੀ ਕਾ ਭਾਂਡਾ॥		Rakhehi Pochaar Maattee Kaa Bhaanddaa ||	You may clean and decorate the vessel of clay,	ਹੇ ਪ੍ਰਾਣੀ! ਤੂੰ ਇਸ ਮਿੱਟੀ ਦੇ ਭਾਂਡੇ (ਸਰੀਰ) ਨੂੰ (ਬਾਹਰੋਂ) ਬਣਾ ਸੰਵਾਰ ਕੇ ਰੱਖਦਾ ਹੈਂ;
31843	741	ਅਤਿ ਕੁਚੀਲ ਮਿਲੈ ਜਮ ਡਾਂਡਾ॥੩॥		Ath Kucheel Milai Jam Ddaanddaa ||3||	But it is so very filthy; it shall receive its punishment from the Messenger of Death. ||3||	(ਪਰ ਅੰਦਰੋਂ ਵਿਕਾਰਾਂ ਨਾਲ ਇਹ) ਬਹੁਤ ਗੰਦਾ ਹੋਇਆ ਪਿਆ ਹੈ। (ਇਹੋ ਜਿਹੇ ਜੀਵਨ ਵਾਲੇ ਨੂੰ ਤਾਂ) ਜਮਾਂ ਦੀ ਸਜ਼ਾ ਮਿਲਿਆ ਕਰਦੀ ਹੈ ॥੩॥
31844	741	ਕਾਮ ਕ੍ਰੋਧਿ ਲੋਭਿ ਮੋਹਿ ਬਾਧਾ॥		Kaam Krodhh Lobh Mohi Baadhhaa ||	You are bound by sexual desire, anger, greed and emotional attachment.	ਹੇ ਪ੍ਰਾਣੀ! ਤੂੰ ਕਾਮ ਕ੍ਰੋਧ ਵਿਚ, ਲੋਭ ਵਿਚ ਮੋਹ ਵਿਚ ਬੱਝਾ ਪਿਆ ਹੈਂ।
31845	741	ਮਹਾ ਗਰਤ ਮਹਿ ਨਿਘਰਤ ਜਾਤਾ॥੪॥		Mehaa Garath Mehi Nigharath Jaathaa ||4||	You are sinking down into the great pit. ||4||	ਵਿਕਾਰਾਂ ਦੇ ਵੱਡੇ ਹੋਏ ਵਿਚ (ਹੋਰ ਹੋਰ) ਖੁੱਭਦਾ ਜਾ ਰਿਹਾ ਹੈਂ ॥੪॥
31846	741	ਨਾਨਕ ਕੀ ਅਰਦਾਸਿ ਸੁਣੀਜੈ॥		Naanak Kee Aradhaas Suneejai ||	Hear this prayer of Nanak, O Lord;	ਹੇ ਮੇਰੇ ਪ੍ਰਭੂ! (ਆਪਣੇ ਦਾਸ) ਨਾਨਕ ਦੀ ਅਰਜ਼ੋਈ ਸੁਣ।

31847	741	ਡੂਬਤ ਪਾਹਨ ਪ੍ਰਭ ਮੇਰੇ ਲੀਜੈ॥੫॥੧੪॥੨੦॥		Ddoobath Paahan Prabh Maerae Leejai ||5||14||20||	I am a stone, sinking down - please, rescue me! ||5||14||20||	ਅਸਾਂ ਡੁੱਬ ਰਹੇ ਪੱਥਰਾਂ ਨੂੰ ਡੁੱਬਣੋਂ ਬਚਾ ਲੈ ॥੫॥੧੪॥੨੦॥
31848	741	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31849	741	ਜੀਵਤ ਮਰੈ ਬੁਝੈ ਪ੍ਰਭ ਸੋਇ॥	ਬੁੱਝੈ	Jeevath Marai Bujhai Prabh Soe ||	One who remains dead while yet alive understands God.	ਹੇ ਭਾਈ! ਜੇਹੜਾ ਮਨੁੱਖ ਦੁਨੀਆ ਦੀ ਕਾਰ ਕਰਦਾ ਹੋਇਆ ਹੀ (ਦੁਨੀਆ ਦਾ) ਮੋਹ ਤਿਆਗ ਦੇਂਦਾ ਹੈ, ਉਹ ਮਨੁੱਖ ਪਰਮਾਤਮਾ ਨਾਲ ਸਾਂਝ ਪਾ ਲੈਂਦਾ ਹੈ।
31850	741	ਤਿਸੁ ਜਨ ਕਰਮਿ ਪਰਾਪਤਿ ਹੋਇ॥੧॥		This Jan Karam Paraapath Hoe ||1||	He meets that humble being according to the karma of his past actions. ||1||	ਉਸ ਮਨੁੱਖ ਨੂੰ (ਪਰਮਾਤਮਾ ਦੀ) ਕਿਰਪਾ ਨਾਲ (ਪਰਮਾਤਮਾ ਦਾ ਮਿਲਾਪ) ਪ੍ਰਾਪਤ ਹੋ ਜਾਂਦਾ ਹੈ ॥੧॥
31851	741	ਸੁਣਿ ਸਾਜਨ ਇਉ ਦੁਤਰੁ ਤਰੀਐ॥	ਦੁੱਤ-ਰੁ	Sun Saajan Eio Dhuthar Thareeai ||	Listen, O friend - this is how to cross over the terrifying world-ocean.	ਹੇ ਸੱਜਣ! (ਮੇਰੀ ਬੇਨਤੀ) ਸੁਣ। ਸੰਸਾਰ-ਸਮੁੰਦਰ ਤੋਂ ਪਾਰ ਲੰਘਣਾ ਬਹੁਤ ਔਖਾ ਹੈ, ਇਸ ਤੋਂ ਸਿਰਫ਼ ਇਸ ਤਰੀਕੇ ਨਾਲ ਪਾਰ ਲੰਘ ਸਕੀਦਾ ਹੈ (ਕਿ)

31852	741	ਮਿਲਿ ਸਾਧੂ ਹਰਿ ਨਾਮੁ ਉਚਰੀਐ॥੧॥ਰਹਾਉ ॥	ਉੱਚਰੀ-ਐ	Mil Saadhhoo Har Naam Ouchareeai ||1|| Rehaao ||	Meet with the Holy, and chant the Lord's Name||1||Pause||	ਗੁਰੂ ਨੂੰ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਿਆ ਜਾਏ ॥੧॥ ਰਹਾਉ ॥
31853	741	ਏਕ ਬਿਨਾ ਦੂਜਾ ਨਹੀ ਜਾਨੈ॥		Eaek Binaa Dhoojaa Nehee Jaanai ||	There is no other to know, except for the One Lord.	ਹੇ ਭਾਈ! ਜੇਹੜਾ ਮਨੁੱਖ ਇਕ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਨਾਲ ਦਿਲੀ ਸਾਂਝ ਨਹੀਂ ਪਾਂਦਾ,
31854	741	ਘਟ ਘਟ ਅੰਤਰਿ ਪਾਰਬ੍ਰਹਮੁ ਪਛਾਨੈ॥੨॥		Ghatt Ghatt Anthar Paarabreham Pashhaanai ||2||	So realize that the Supreme Lord God is within each and every heart. ||2||	ਉਹ ਮਨੁੱਖ ਪਰਮਾਤਮਾ ਨੂੰ ਹਰੇਕ ਸਰੀਰ ਵਿਚ ਵੱਸਦਾ ਪਛਾਣ ਲੈਂਦਾ ਹੈ ॥੨॥
31855	741	ਜੋ ਕਿਛੁ ਕਰੈ ਸੋਈ ਭਲ ਮਾਨੈ॥		Jo Kishh Karai Soee Bhal Maanai ||	Whatever He does, accept that as good.	ਜੋ ਕੁਝ ਭੀ ਪਰਮਾਤਮਾ ਕਰਦਾ ਹੈ ਜੇਹੜਾ ਮਨੁੱਖ ਹਰੇਕ ਉਸ ਕੰਮ ਨੂੰ (ਦੁਨੀਆ ਵਾਸਤੇ) ਭਲਾ ਮੰਨਦਾ ਹੈ,
31856	741	ਆਦਿ ਅੰਤ ਕੀ ਕੀਮਤਿ ਜਾਨੈ॥੩॥		Aadh Anth Kee Keemath Jaanai ||3||	Know the value of the beginning and the end. ||3||	ਉਹ ਮਨੁੱਖ ਸਦਾ ਹੀ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਕਦਰ ਸਮਝ ਲੈਂਦਾ ਹੈ ॥੩॥
31857	741	ਕਹੁ ਨਾਨਕ ਤਿਸੁ ਜਨ ਬਲਿਹਾਰੀ॥		Kahu Naanak This Jan Balihaaree ||	Says Nanak, I am a sacrifice to that humble being,	ਨਾਨਕ ਆਖਦਾ ਹੈ- ਹੇ ਪ੍ਰਭੂ! ਉਸ ਮਨੁੱਖ ਤੋਂ (ਮੈਂ) ਕੁਰਬਾਨ ਜਾਂਦਾ ਹਾਂ,

31858	741	ਜਾ ਕੈ ਹਿਰਦੈ ਵਸਹਿ ਮੁਰਾਰੀ॥੪॥੧੫॥੨੧॥		Jaa Kai Hiradhai Vasehi Muraaree ||4||15||21||	Within whose heart the Lord dwells. ||4||15||21||	ਜਿਸ ਮਨੁੱਖ ਦੇ ਹਿਰਦੇ ਵਿਚ ਸਦਾ ਤੂੰ ਵੱਸਦਾ ਹੈਂ (ਜਿਸ ਨੂੰ ਸਦਾ ਤੂੰ ਚੇਤੇ ਰਹਿੰਦਾ ਹੈਂ) ॥੪॥੧੫॥੨੧॥
31859	741	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31860	741	ਗੁਰੁ ਪਰਮੇਸਰੁ ਕਰਣੈਹਾਰੁ॥		Gur Paramaesar Karanaihaar ||	The Guru is the Transcendent Lord, the Creator Lord.	ਹੇ ਮੇਰੇ ਮਨ! ਗੁਰੂ ਉਸ ਪਰਮਾਤਮਾ ਦਾ ਰੂਪ ਹੈ ਜੇਹੜਾ ਸਭ ਤੋਂ ਵੱਡਾ ਮਾਲਕ ਹੈ ਜੇਹੜਾ ਸਭ ਕੁਝ ਕਰ ਸਕਣ ਵਾਲਾ ਹੈ।
31861	741	ਸਗਲ ਸ੍ਰਿਸਟਿ ਕਉ ਦੇ ਆਧਾਰੁ॥੧॥		Sagal Srisatt Ko Dhae Aadhhaar ||1||	He gives His Support to the entire Universe. ||1||	ਗੁਰੂ ਸਾਰੀ ਸ੍ਰਿਸ਼ਟੀ ਨੂੰ (ਪਰਮਾਤਮਾ ਦੇ ਨਾਮ ਦਾ) ਆਸਰਾ ਦੇਂਦਾ ਹੈ ॥੧॥
31862	741	ਗੁਰ ਕੇ ਚਰਣਕਮਲ ਮਨ ਧਿਆਇ॥		Gur Kae Charan Kamal Man Dhhiaae ||	Meditate within your mind on the Lotus Feet of the Guru.	ਹੇ (ਮੇਰੇ) ਮਨ! (ਸਦਾ) ਗੁਰੂ ਦੇ ਸੋਹਣੇ ਕੋਮਲ ਚਰਨਾਂ ਦਾ ਧਿਆਨ ਧਰਿਆ ਕਰ।
31863	741	ਦੂਖੁ ਦਰਦੁ ਇਸੁ ਤਨ ਤੇ ਜਾਇ॥੧॥ਰਹਾਉ॥		Dhookh Dharadh Eis Than Thae Jaae ||1|| Rehaao ||	Pain and suffering shall leave this body. ||1||Pause||	(ਜੇਹੜਾ ਮਨੁੱਖ ਇਹ ਉੱਦਮ ਕਰਦਾ ਹੈ ਉਸ ਦੇ) ਇਸ ਸਰੀਰ ਤੋਂ ਹਰੇਕ ਕਿਸਮ ਦਾ ਦੁੱਖ-ਕਲੇਸ਼ ਦੂਰ ਹੋ ਜਾਂਦਾ ਹੈ ॥੧॥ ਰਹਾਉ ॥

31864	741	ਭਵਜਲਿ ਡੂਬਤ ਸਤਿਗੁਰੁ ਕਾਢੈ॥		Bhavajal Ddoobath Sathigur Kaadtai ||	The True Guru saves the drowning being from the terrifying world-ocean.	(ਹੇ ਮਨ! ਗੁਰੂ ਸੰਸਾਰ-ਸਮੁੰਦਰ ਵਿਚ ਡੁਬਦਿਆਂ ਨੂੰ ਬਚਾ ਲੈਂਦਾ ਹੈ,
31865	741	ਜਨਮ ਜਨਮ ਕਾ ਟੂਟਾ ਗਾਢੈ॥੨॥	ਗਾਂਢੈ ਕਸਕੇ	Janam Janam Kaa Ttoottaa Gaadtai ||2||	He reunites those who were separated for countless incarnations. ||2||	ਅਨੇਕਾਂ ਜਨਮਾਂ ਤੋਂ (ਪਰਮਾਤਮਾ ਨਾਲੋਂ) ਟੁੱਟੇ ਹੋਏ ਮਨੁੱਖ ਨੂੰ (ਪਰਮਾਤਮਾ ਨਾਲ) ਜੋੜ ਦੇਂਦਾ ਹੈ ॥੨॥
31866	741	ਗੁਰ ਕੀ ਸੇਵਾ ਕਰਹੁ ਦਿਨ ਰਾਤਿ॥		Gur Kee Saevaa Karahu Dhin Raath ||	Serve the Guru, day and night.	ਹੇ ਭਾਈ! ਦਿਨ ਰਾਤ ਗੁਰੂ ਦੀ (ਦੱਸੀ ਹੋਈ) ਸੇਵਾ ਕਰਿਆ ਕਰੋ।
31867	741	ਸੂਖ ਸਹਜ ਮਨਿ ਆਵੈ ਸਾਂਤਿ॥੩॥		Sookh Sehaj Man Aavai Saanth ||3||	Your mind shall come to have peace, pleasure and poise. ||3||	(ਜੇਹੜਾ ਮਨੁੱਖ ਸੇਵਾ ਕਰਦਾ ਹੈ ਉਸ ਦੇ) ਮਨ ਵਿਚ ਸ਼ਾਂਤੀ ਪੈਦਾ ਹੋ ਜਾਂਦੀ ਹੈ, ਆਤਮਕ ਅਡੋਲਤਾ ਦੇ ਆਨੰਦ ਪੈਦਾ ਹੋ ਜਾਂਦੇ ਹਨ ॥੩॥
31868	741	ਸਤਿਗੁਰ ਕੀ ਰੇਣੁ ਵਡਭਾਗੀ ਪਾਵੈ॥		Sathigur Kee Raen Vaddabhaagee Paavai ||	By great good fortune, one obtains the dust of the feet of the True Guru.	ਕੋਈ ਵੱਡੇ ਭਾਗਾਂ ਵਾਲਾ ਮਨੁੱਖ ਗੁਰੂ ਦੀ ਚਰਨ-ਧੂੜ ਹਾਸਲ ਕਰਦਾ ਹੈ।
31869	741	ਨਾਨਕ ਗੁਰ ਕਉ ਸਦ ਬਲਿ ਜਾਵੈ॥੪॥੧੬॥੨੨॥		Naanak Gur Ko Sadh Bal Jaavai ||4||16||22||	Nanak is forever a sacrifice to the True Guru. ||4||16||22||	ਹੇ ਨਾਨਕ! (ਫਿਰ ਉਹ ਮਨੁੱਖ) ਗੁਰੂ ਤੋਂ ਸਦਾ ਸਦਕੇ ਜਾਂਦਾ ਹੈ ॥੪॥੧੬॥੨੨॥
31870	741	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	

31871	741	ਗੁਰ ਅਪੁਨੇ ਊਪਰਿ ਬਲਿ ਜਾਈਐ॥		Gur Apunae Oopar Bal Jaaeeai ||	I am a sacrifice to my True Guru.	ਹੇ ਭਾਈ! ਆਪਣੇ ਗੁਰੂ ਉੱਤੋਂ (ਸਦਾ) ਕੁਰਬਾਨ ਹੋਣਾ ਚਾਹੀਦਾ ਹੈ (ਗੁਰੂ ਦੀ ਸਰਨ ਪੈ ਕੇ ਆਪਣੇ ਅੰਦਰੋਂ ਆਪਾ- ਭਾਵ ਮਿਟਾ ਦੇਣਾ ਚਾਹੀਦਾ ਹੈ,
31872	741	ਆਠ ਪਹਰ ਹਰਿ ਹਰਿ ਜਸੁ ਗਾਈਐ॥੧॥		Aath Pehar Har Har Jas Gaaeeai ||1||	Twenty-four hours a day, I sing the Praises of the Lord, Har, Har. ||1||	(ਕਿਉਂਕਿ, ਗੁਰੂ ਦੀ ਕਿਰਪਾ ਨਾਲ ਹੀ) ਅੱਠੇ ਪਹਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ ਜਾ ਸਕਦਾ ਹੈ ॥੧॥
31873	741	ਸਿਮਰਉ ਸੋ ਪ੍ਰਭੁ ਅਪਨਾ ਸੁਆਮੀ॥		Simaro So Prabh Apanaa Suaamee ||	Meditate in remembrance on God, your Lord and Master.	ਹੇ ਭਾਈ! (ਗੁਰੂ ਦੀ ਕਿਰਪਾ ਨਾਲ) ਮੈਂ ਆਪਣਾ ਉਹ ਮਾਲਕ-ਪ੍ਰਭੂ ਸਿਮਰਦਾ ਰਹਿੰਦਾ ਹਾਂ,
31874	741	ਸਗਲ ਘਟਾ ਕਾ ਅੰਤਰਜਾਮੀ॥੧॥ਰਹਾਉ॥		Sagal Ghattaa Kaa Antharajaamee ||1|| Rehaao ||	He is the Inner-knower, the Searcher of all hearts. ||1||Pause||	ਜੇਹੜਾ ਸਭ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਹੈ ॥੧॥ ਰਹਾਉ ॥
31875	741	ਚਰਣਕਮਲ ਸਿਉ ਲਾਗੀ ਪ੍ਰੀਤਿ॥		Charan Kamal Sio Laagee Preeth ||	So love the Lord's Lotus Feet,	ਹੇ ਭਾਈ! (ਗੁਰੂ ਦੀ ਕਿਰਪਾ ਨਾਲ ਹੀ) ਪਰਮਾਤਮਾ ਦੇ ਸੋਹਣੇ ਚਰਨਾਂ ਨਾਲ ਪਿਆਰ ਬਣਦਾ ਹੈ।
31876	741	ਸਾਚੀ ਪੂਰਨ ਨਿਰਮਲ ਰੀਤਿ॥੨॥		Saachee Pooran Niramal Reeth ||2||	And live a lifestyle which is true, perfect and spotless. ||2||	(ਗੁਰ-ਚਰਨਾਂ ਦੀ ਪ੍ਰੀਤ ਹੀ) ਅਟੱਲ ਮੁਕੰਮਲ ਤੇ ਪਵਿਤ੍ਰ ਜੀਵਨ-ਜੁਗਤਿ ਹੈ ॥੨॥

31877	741	ਸੰਤ ਪ੍ਰਸਾਦਿ ਵਸੈ ਮਨ ਮਾਹੀ॥		Santh Prasaadh Vasai Man Maahee ||	By the Grace of the Saints, the Lord comes to dwell within the mind,	ਹੇ ਭਾਈ! ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਜਿਸ ਮਨੁੱਖ ਦੇ) ਮਨ ਵਿਚ ਆ ਵੱਸਦਾ ਹੈ,
31878	741	ਜਨਮ ਜਨਮ ਕੇ ਕਿਲਵਿਖ ਜਾਹੀ॥੩॥		Janam Janam Kae Kilavikh Jaahee ||3||	And the sins of countless incarnations are eradicated. ||3||	(ਉਸ ਮਨੁੱਖ ਦੇ) ਅਨੇਕਾਂ ਜਨਮਾਂ ਦੇ ਪਾਪ ਦੂਰ ਹੋ ਜਾਂਦੇ ਹਨ ॥੩॥
31879	741	ਕਰਿ ਕਿਰਪਾ ਪ੍ਰਭ ਦੀਨ ਦਇਆਲਾ॥		Kar Kirapaa Prabh Dheen Dhaeiaalaa ||	Please be Merciful, O God, O Merciful to the meek.	ਹੇ ਨਿਮਾਣਿਆਂ ਉਤੇ ਦਇਆ ਕਰਨ ਵਾਲੇ ਪ੍ਰਭੂ! (ਆਪਣੇ ਦਾਸ ਨਾਨਕ ਉਤੇ) ਕਿਰਪਾ ਕਰ।
31880	741	ਨਾਨਕੁ ਮਾਗੈ ਸੰਤ ਰਵਾਲਾ॥੪॥੧੭॥੨੩॥		Naanak Maagai Santh Ravaalaa ||4||17||23||	Nanak begs for the dust of the Saints. ||4||17||23||	(ਤੇਰਾ ਦਾਸ) ਨਾਨਕ (ਤੇਰੇ ਦਰ ਤੋਂ) ਗੁਰੂ ਦੇ ਚਰਨਾਂ ਦੀ ਧੂੜ ਮੰਗਦਾ ਹੈ ॥੪॥੧੭॥੨੩॥
31881	742	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31882	742	ਦਰਸਨੁ ਦੇਖਿ ਜੀਵਾ ਗੁਰ ਤੇਰਾ॥		Dharasan Dhaekh Jeevaa Gur Thaeraa ||	Gazing upon the Blessed Vision of Your Darshan, I live.	ਹੇ ਗੁਰੂ! ਤੇਰਾ ਦਰਸਨ ਕਰ ਕੇ ਮੈਨੂੰ ਆਤਮਕ ਜੀਵਨ ਮਿਲ ਜਾਂਦਾ ਹੈ।
31883	742	ਪੂਰਨ ਕਰਮੁ ਹੋਇ ਪ੍ਰਭ ਮੇਰਾ॥੧॥		Pooran Karam Hoe Prabh Maeraa ||1||	My karma is perfect, O my God. ||1||	ਹੇ ਮੇਰੇ ਪ੍ਰਭੂ! ਤੇਰੀ ਪੂਰਨ ਬਖ਼ਸ਼ਸ਼ ਹੋਏ (ਤੇ, ਮੈਨੂੰ ਗੁਰੂ ਮਿਲ ਜਾਵੇ) ॥੧॥
31884	742	ਇਹ ਬੇਨੰਤੀ ਸੁਣਿ ਪ੍ਰਭ ਮੇਰੇ॥		Eih Baenanthee Sun Prabh Maerae ||	Please, listen to this prayer, O my God.	ਹੇ ਮੇਰੇ ਪ੍ਰਭੂ (ਮੇਰੀ) ਇਹ ਅਰਜ਼ੋਈ ਸੁਣ,

31885	742	ਦੇਹਿ ਨਾਮੁ ਕਰਿ ਅਪਨੇ ਚੇਰੇ॥੧॥ਰਹਾਉ॥	(ਚੇਰੇ)ਦਾਸਨ ਦਾਸ ਚੇਲੇ	Dhaehi Naam Kar Apanae Chaerae ||1|| Rehaao ||	Please bless me with Your Name, and make me Your chaylaa, Your disciple. ||1||Pause||	(ਗੁਰੂ ਦੀ ਰਾਹੀਂ) ਮੈਨੂੰ ਆਪਣਾ ਸੇਵਕ ਬਣਾ ਕੇ (ਆਪਣਾ) ਨਾਮ ਬਖ਼ਸ਼ ॥੧॥ ਰਹਾਉ ॥
31886	742	ਅਪਨੀ ਸਰਣਿ ਰਾਖੁ ਪ੍ਰਭ ਦਾਤੇ॥		Apanee Saran Raakh Prabh Dhaathae ||	Please keep me under Your Protection, O God, O Great Giver.	ਹੇ ਸਭ ਦਾਤਾਂ ਦੇਣ ਵਾਲੇ ਪ੍ਰਭੂ! ਮੈਨੂੰ ਆਪਣੀ ਸਰਨ ਵਿਚ ਰੱਖ।
31887	742	ਗੁਰ ਪ੍ਰਸਾਦਿ ਕਿਨੈ ਵਿਰਲੈ ਜਾਤੇ॥੨॥		Gur Prasaadh Kinai Viralai Jaathae ||2||	By Guru's Grace, a few people understand this. ||2||	ਹੇ ਪ੍ਰਭੂ! ਗੁਰੂ ਦੀ ਕਿਰਪਾ ਨਾਲ ਕਿਸੇ ਵਿਰਲੇ ਮਨੁੱਖ ਨੇ ਤੇਰੇ ਨਾਲ ਡੂੰਘੀ ਸਾਂਝ ਪਾਈ ਹੈ ॥੨॥
31888	742	ਸੁਨਹੁ ਬਿਨਉ ਪ੍ਰਭ ਮੇਰੇ ਮੀਤਾ॥		Sunahu Bino Prabh Maerae Meethaa ||	Please hear my prayer, O God, my Friend.	ਹੇ ਮੇਰੇ ਮਿੱਤਰ ਪ੍ਰਭੂ! ਮੇਰੀ ਅਰਜ਼ੋਈ ਸੁਣ,
31889	742	ਚਰਣਕਮਲ ਵਸਹਿ ਮੇਰੈ ਚੀਤਾ॥੩॥		Charan Kamal Vasehi Maerai Cheethaa ||3||	May Your Lotus Feet abide within my consciousness. ||3||	(ਮੇਹਰ ਕਰ! ਤੇਰੇ) ਸੋਹਣੇ ਚਰਨ ਮੇਰੇ ਚਿੱਤ ਵਿਚ ਵੱਸ ਪੈਣ ॥੩॥
31890	742	ਨਾਨਕੁ ਏਕ ਕਰੈ ਅਰਦਾਸਿ॥		Naanak Eaek Karai Aradhaas ||	Nanak makes one prayer:	(ਤੇਰਾ ਸੇਵਕ) ਨਾਨਕ (ਤੇਰੇ ਦਰ ਤੇ) ਇਕ ਅਰਜ਼ ਕਰਦਾ ਹੈ,

31891	742	ਵਿਸਰੁ ਨਾਹੀ ਪੂਰਨ ਗੁਣਤਾਸਿ॥੪॥੧੮॥ ੨੪॥		Visar Naahee Pooran Gunathaas ||4||18||24||	May I never forget You, O perfect treasure of virtue. ||4||18||24||	ਹੇ ਪੂਰਨ ਪ੍ਰਭੂ! ਸਭ ਗੁਣਾਂ ਦੇ ਖ਼ਜ਼ਾਨੇ ਪ੍ਰਭੂ! (ਕਿਰਪਾ ਕਰ, ਮੈਨੂੰ ਨਾਨਕ ਨੂੰ ਕਦੇ) ਨਾਹ ਭੁੱਲ ॥੪॥੧੮॥੨੪॥
31892	742	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31893	742	ਮੀਤੁ ਸਾਜਨੁ ਸੁਤ ਬੰਧਪ ਭਾਈ॥		Meeth Saajan Suth Bandhhap Bhaaee ||	He is my friend, companion, child, relative and sibling.	ਹੇ ਭਾਈ! ਪਰਮਾਤਮਾ ਹੀ ਮੇਰਾ ਮਿੱਤਰ ਹੈ, ਸੱਜਣ ਹੈ, ਪਰਮਾਤਮਾ ਹੀ (ਮੇਰੇ ਵਾਸਤੇ) ਪੁੱਤਰ ਰਿਸ਼ਤੇਦਾਰ ਭਰਾ ਹੈ।
31894	742	ਜਤ ਕਤ ਪੇਖਉ ਹਰਿ ਸੰਗਿ ਸਹਾਈ॥੧॥		Jath Kath Paekho Har Sang Sehaaee ||1||	Wherever I look, I see the Lord as my companion and helper. ||1||	ਮੈਂ ਜਿਧਰ ਕਿਧਰ ਵੇਖਦਾ ਹਾਂ, ਪਰਮਾਤਮਾ ਮੇਰੇ ਨਾਲ ਮਦਦਗਾਰ ਹੈ ॥੧॥
31895	742	ਜਤਿ ਮੇਰੀ ਪਤਿ ਮੇਰੀ ਧਨੁ ਹਰਿ ਨਾਮੁ॥		Jath Maeree Path Maeree Dhhan Har Naam ||	The Lord's Name is my social status, my honor and wealth.	ਹੇ ਭਾਈ! ਪਰਮਾਤਮਾ ਦਾ ਨਾਮ ਮੇਰੀ (ਉੱਚੀ) ਜਾਤਿ ਹੈ, ਮੇਰੀ ਇੱਜ਼ਤ ਹੈ, ਮੇਰਾ ਧਨ ਹੈ।
31896	742	ਸੂਖ ਸਹਜ ਆਨੰਦ ਬਿਸਰਾਮ॥੧॥ਰਹਾਉ ॥		Sookh Sehaj Aanandh Bisaraam ||1|| Rehaao ||	He is my pleasure, poise, bliss and peace. ||1||Pause||	(ਇਸ ਦੀ ਬਰਕਤਿ ਨਾਲ ਮੇਰੇ ਅੰਦਰ) ਆਨੰਦ ਹੈ ਸ਼ਾਂਤੀ ਹੈ, ਆਤਮਕ ਅਡੋਲਤਾ ਦੇ ਸੁਖ ਹਨ ॥੧॥ ਰਹਾਉ ॥

31897	742	ਪਾਰਬ੍ਰਹਮੁ ਜਪਿ ਪਹਿਰਿ ਸਨਾਹ॥	(ਸਨਾਹ)ਲੋਹੇ ਤਾਰਾਂ ਦਾ ਕੁੜਤਾ ਸੰਜੋਅ	Paarabreham Jap Pehir Sanaah ||	I have strapped on the armor of meditation on the Supreme Lord God.	ਹੇ ਭਾਈ! (ਸਦਾ) ਪਰਮਾਤਮਾ (ਦਾ ਨਾਮ) ਜਪਿਆ ਕਰ, (ਹਰਿ-ਨਾਮ ਦੀ) ਸੰਜੋਅ ਪਹਿਨੀ ਰੱਖ।
31898	742	ਕੋਟਿ ਆਵਧ ਤਿਸੁ ਬੇਧਤ ਨਾਹਿ॥੨॥	ਆਵਧਸ਼ਸਤ੍ਰ	Kott Aavadhh This Baedhhath Naahi ||2||	It cannot be pierced, even by millions of weapons. ||2||	ਇਸ (ਸੰਜੋਅ) ਨੂੰ (ਕਾਮਾਦਿਕ) ਕ੍ਰੋੜਾਂ ਹਥਿਆਰ ਵਿੰਨ੍ਹ ਨਹੀਂ ਸਕਦੇ ॥੨॥
31899	742	ਹਰਿ ਚਰਨ ਸਰਣ ਗੜ ਕੋਟ ਹਮਾਰੈ॥	ਗੜ੍ਹ	Har Charan Saran Garr Kott Hamaarai ||	The Sanctuary of the Lord's Feet is my fortress and battlement.	ਹੇ ਭਾਈ! ਮੇਰੇ ਵਾਸਤੇ (ਤਾਂ) ਪਰਮਾਤਮਾ ਦੇ ਚਰਨਾਂ ਦੀ ਸਰਨ ਅਨੇਕਾਂ ਕਿਲ੍ਹੇ ਹੈ।
31900	742	ਕਾਲੁ ਕੰਟਕੁ ਜਮੁ ਤਿਸੁ ਨ ਬਿਦਾਰੈ॥੩॥		Kaal Kanttak Jam This N Bidhaarai ||3||	The Messenger of Death, the torturer, cannot demolish it. ||3||	ਇਸ (ਕਿਲ੍ਹੇ) ਨੂੰ ਦੁਖਦਾਈ ਮੌਤ (ਦਾ ਡਰ) ਨਾਸ ਨਹੀਂ ਕਰ ਸਕਦਾ ॥੩॥
31901	742	ਨਾਨਕ ਦਾਸ ਸਦਾ ਬਲਿਹਾਰੀ॥		Naanak Dhaas Sadhaa Balihaaree ||	Slave Nanak is forever a sacrifice	ਹੇ ਨਾਨਕ! (ਆਖ-) ਹੇ ਪ੍ਰਭੂ! ਮੈਂ ਤੇਰੇ ਸੇਵਕਾਂ ਸੰਤਾਂ ਤੋਂ ਸਦਾ ਸਦਕੇ ਜਾਂਦਾ ਹਾਂ
31902	742	ਸੇਵਕ ਸੰਤ ਰਾਜਾਰਾਮ ਮੁਰਾਰੀ॥੪॥੧੯॥੨੫॥		Saevak Santh Raajaa Raam Muraaree ||4||19||25||	To the selfless servants and Saints of the Sovereign Lord, the Destroyer of ego. ||4||19||25||	ਹੇ ਪ੍ਰਭੂ-ਪਾਤਿਸ਼ਾਹ! ਹੇ ਮੁਰਾਰੀ! (ਜਿਨ੍ਹਾਂ ਦੀ ਸੰਗਤਿ ਵਿਚ ਤੇਰਾ ਨਾਮ ਪ੍ਰਾਪਤ ਹੁੰਦਾ ਹੈ) ॥੪॥੧੯॥੨੫॥
31903	742	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	

31904	742	ਗੁਣ ਗੋਪਾਲ ਪ੍ਰਭ ਕੇ ਨਿਤ ਗਾਹਾ॥		Gun Gopaal Prabh Kae Nith Gaahaa ||	Where the Glorious Praises of God, the Lord of the world are continually sung,	ਹੇ ਸਹੇਲੀਏ! ਗੋਪਾਲ ਪ੍ਰਭੂ ਦੇ ਗੁਣ ਸਦਾ ਗਾਂਦੇ ਰਹੀਏ।
31905	742	ਅਨਦ ਬਿਨੋਦਿ ਮੰਗਲ ਸੁਖ ਤਾਹਾ॥੧॥		Anadh Binodh Mangal Sukh Thaahaa ||1||	There is bliss, joy, happiness and peace. ||1||	(ਜੇਹੜੇ ਗਾਂਦੇ ਹਨ) ਉਹਨਾਂ ਨੂੰ ਸੁਖ ਆਨੰਦ ਚਾਉ ਖ਼ੁਸ਼ੀਆਂ ਬਣੀਆਂ ਰਹਿੰਦੀਆਂ ਹਨ ॥੧॥
31906	742	ਚਲੁ ਸਖੀਏ ਪ੍ਰਭੁ ਰਾਵਣ ਜਾਹਾ॥		Chal Sakheeeae Prabh Raavan Jaahaa ||	Come, O my companions - let us go and enjoy God.	ਹੇ ਸਹੇਲੀਏ! ਉੱਠ, ਪ੍ਰਭੂ ਦਾ ਸਿਮਰਨ ਕਰਨ ਚੱਲੀਏ,
31907	742	ਸਾਧ ਜਨਾ ਕੀ ਚਰਣੀ ਪਾਹਾ॥੧॥ਰਹਾਉ॥		Saadhh Janaa Kee Charanee Paahaa ||1|| Rehaao ||	Let us fall at the feet of the holy, humble beings. ||1||Pause||	ਸੰਤ ਜਨਾਂ ਦੇ ਚਰਨਾਂ ਵਿਚ ਜਾ ਪਈਏ ॥੧॥ ਰਹਾਉ ॥
31908	742	ਕਰਿ ਬੇਨਤੀ ਜਨ ਧੂਰਿ ਬਾਛਾਹਾ॥		Kar Baenathee Jan Dhhoor Baashhaahaa ||	I pray for the dust of the feet of the humble.	ਹੇ ਸਹੇਲੀਏ! (ਪ੍ਰਭੂ ਅੱਗੇ) ਬੇਨਤੀ ਕਰ ਕੇ (ਉਸ ਪਾਸੋਂ) ਸੰਤ ਜਨਾਂ ਦੀ ਚਰਨ-ਧੂੜ ਮੰਗੀਏ,
31909	742	ਜਨਮ ਜਨਮ ਕੇ ਕਿਲਵਿਖ ਲਾਹਾਂ॥੨॥		Janam Janam Kae Kilavikh Laahaan ||2||	It shall wash away the sins of countless incarnations. ||2||	(ਅਤੇ ਆਪਣੇ) ਅਨੇਕਾਂ ਜਨਮਾਂ ਦੇ ਪਾਪ ਦੂਰ ਕਰ ਲਈਏ ॥੨॥
31910	742	ਮਨੁ ਤਨੁ ਪ੍ਰਾਣ ਜੀਉ ਅਰਪਾਹਾ॥		Man Than Praan Jeeo Arapaahaa ||	I dedicate my mind, body, breath of life and soul to God.	ਹੇ ਸਹੇਲੀਏ! ਆਪਣਾ ਮਨ ਤਨ ਜਿੰਦ ਜਾਨ ਭੇਟਾ ਕਰ ਦੇਈਏ।

31911	742	ਹਰਿ ਸਿਮਰਿ ਸਿਮਰਿ ਮਾਨੁ ਮੋਹੁ ਕਟਾਹਾਂ॥੩॥	ਕੱਟਾਹਾਂ	Har Simar Simar Maan Mohu Kattaahaan ||3||	Remembering the Lord in meditation, I have eradicated pride and emotional attachment. ||3||	ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ (ਆਪਣੇ ਅੰਦਰੋਂ) ਅਹੰਕਾਰ ਤੇ ਮੋਹ ਦੂਰ ਕਰ ਲਈਏ ॥੩॥
31912	742	ਦੀਨ ਦਇਆਲ ਕਰਹੁ ਉਤਸਾਹਾ॥		Dheen Dhaeiaal Karahu Outhasaahaa ||	O Lord, O Merciful to the meek, please give me faith and confidence,	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਹਰੀ! (ਮੇਰੇ ਅੰਦਰ) ਚਾਉ ਪੈਦਾ ਕਰ (ਕਿ)
31913	742	ਨਾਨਕ ਦਾਸ ਹਰਿ ਸਰਣਿ ਸਮਾਹਾ॥੪॥੨੦॥੨੬॥		Naanak Dhaas Har Saran Samaahaa ||4||20||26||	So that slave Nanak may remain absorbed in Your Sanctuary. ||4||20||26||	ਹੇ ਨਾਨਕ! (ਆਖ-) ਮੈਂ ਤੇਰੇ ਦਾਸਾਂ ਦੀ ਸਰਨ ਪਿਆ ਰਹਾਂ ॥੪॥੨੦॥੨੬॥
31914	742	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31915	742	ਬੈਕੁੰਠ ਨਗਰੁ ਜਹਾ ਸੰਤ ਵਾਸਾ॥		Baikunth Nagar Jehaa Santh Vaasaa ||	The city of heaven is where the Saints dwell.	ਹੇ ਭਾਈ! ਜਿਸ ਥਾਂ (ਪਰਮਾਤਮਾ ਦੇ) ਸੰਤ ਜਨ ਵੱਸਦੇ ਹੋਣ, ਉਹੀ ਹੈ (ਅਸਲ) ਬੈਕੁੰਠ ਦਾ ਸ਼ਹਰ।
31916	742	ਪ੍ਰਭ ਚਰਣਕਮਲ ਰਿਦ ਮਾਹਿ ਨਿਵਾਸਾ॥੧॥		Prabh Charan Kamal Ridh Maahi Nivaasaa ||1||	They enshrine the Lotus Feet of God within their hearts. ||1||	(ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ) ਪ੍ਰਭੂ ਦੇ ਸੋਹਣੇ ਚਰਨ ਹਿਰਦੇ ਵਿਚ ਆ ਵੱਸਦੇ ਹਨ ॥੧॥

31917	742	ਸੁਣਿ ਮਨ ਤਨ ਤੁਝੁ ਸੁਖੁ ਦਿਖਲਾਵਉ॥		Sun Man Than Thujh Sukh Dhikhalaavo ||	Listen, O my mind and body, and let me show you the way to find peace,	ਹੇ ਭਾਈ! (ਮੇਰੀ ਗੱਲ) ਸੁਣ, (ਆ,) ਮੈਂ (ਤੇਰੇ) ਮਨ ਨੂੰ (ਤੇਰੇ) ਤਨ ਨੂੰ ਆਤਮਕ ਆਨੰਦ ਵਿਖਾ ਦਿਆਂ।
31918	742	ਹਰਿ ਅਨਿਕ ਬਿੰਜਨ ਤੁਝੁ ਭੋਗ ਭੁੰਚਾਵਉ॥੧॥ਰਹਾਉ ॥		Har Anik Binjan Thujh Bhog Bhunchaavo ||1|| Rehaao ||	So that you may eat and enjoy the various delicacies of the Lord||1||Pause||	ਪ੍ਰਭੂ ਦਾ ਨਾਮ (ਮਾਨੋ) ਅਨੇਕਾਂ ਸੁਆਦਲੇ ਭੋਜਨ ਹੈ, (ਆ, ਸਾਧ ਸੰਗਤਿ ਵਿਚ) ਮੈਂ ਤੈਨੂੰ ਉਹ ਸੁਆਦਲੇ ਭੋਜ ਖਵਾਵਾਂ ॥੧॥ ਰਹਾਉ ॥
31919	742	ਅੰਮ੍ਰਿਤ ਨਾਮੁ ਭੁੰਚੁ ਮਨ ਮਾਹੀ॥		Anmrith Naam Bhunch Man Maahee ||	Taste the Ambrosial Nectar of the Naam, the Name of the Lord, within your mind.	ਹੇ ਭਾਈ! (ਸਾਧ ਸੰਗਤਿ ਵਿਚ ਰਹਿ ਕੇ) ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ (-ਭੋਜਨ) ਆਪਣੇ ਮਨ ਵਿਚ ਖਾਇਆ ਕਰ,
31920	742	ਅਚਰਜ ਸਾਦ ਤਾ ਕੇ ਬਰਨੇ ਨ ਜਾਹੀ॥੨॥	ਅ-ਚਰਜ	Acharaj Saadh Thaa Kae Baranae N Jaahee ||2||	Its taste is wondrous - it cannot be described. ||2||	ਇਸ ਭੋਜਨ ਦੇ ਹੈਰਾਨ ਕਰਨ ਵਾਲੇ ਸੁਆਦ ਹਨ, ਬਿਆਨ ਨਹੀਂ ਕੀਤੇ ਜਾ ਸਕਦੇ ॥੨॥
31921	742	ਲੋਭੁ ਮੂਆ ਤ੍ਰਿਸਨਾ ਬੁਝਿ ਥਾਕੀ॥	ਬੁਝਿ:ਪੋਲਾ ਬੋਲੋ। ਥਾੱਕੀ	Lobh Mooaa Thrisanaa Bujh Thhaakee ||	Your greed shall die, and your thirst shall be quenched.	ਹੇ ਭਾਈ! (ਉਹਨਾਂ ਦੇ ਅੰਦਰੋਂ) ਲੋਭ ਮੁੱਕ ਜਾਂਦਾ ਹੈ, ਤ੍ਰਿਸ਼ਨਾ ਦੀ ਅੱਗ ਬੁੱਝ ਕੇ ਖ਼ਤਮ ਹੋ ਜਾਂਦੀ ਹੈ,
31922	742	ਪਾਰਬ੍ਰਹਮ ਕੀ ਸਰਣਿ ਜਨ ਤਾਕੀ॥੩॥	ਤੱਾਕੀ	Paarabreham Kee Saran Jan Thaakee ||3||	The humble beings seek the Sanctuary of the Supreme Lord God. ||3||	ਜਿਨ੍ਹਾਂ ਸੰਤ ਜਨਾਂ ਨੇ (ਸਾਧ ਸੰਗਤਿ-ਬੈਕੁੰਠ ਵਿਚ ਆ ਕੇ) ਪਰਮਾਤਮਾ ਦਾ ਆਸਰਾ ਤੱਕ ਲਿਆ ॥੩॥

31923	742	ਜਨਮ ਜਨਮ ਕੇ ਭੈ ਮੋਹ ਨਿਵਾਰੇ॥		Janam Janam Kae Bhai Moh Nivaarae ||	The Lord dispels the fears and attachments of countless incarnations.	ਪ੍ਰਭੂ ਉਹਨਾਂ ਦੇ ਅਨੇਕਾਂ ਜਨਮਾਂ ਦੇ ਡਰ ਮੋਹ ਦੂਰ ਕਰ ਦੇਂਦਾ ਹੈ।
31924	742	ਨਾਨਕ ਦਾਸ ਪ੍ਰਭ ਕਿਰਪਾ ਧਾਰੇ॥੪॥੨੧॥੨੭॥		Naanak Dhaas Prabh Kirapaa Dhhaarae ||4||21||27||	God has showered His Mercy and Grace upon slave Nanak. ||4||21||27||	ਹੇ ਨਾਨਕ! (ਆਖ-ਹੇ ਭਾਈ!) ਪ੍ਰਭੂ ਆਪਣੇ ਦਾਸਾਂ ਉਤੇ ਮੇਹਰ ਕਰਦਾ ਹੈ ॥੪॥੨੧॥੨੭॥
31925	742	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31926	742	ਅਨਿਕ ਬੀਂਗ ਦਾਸ ਕੇ ਪਰਹਰਿਆ॥	ਜੀਅ ਕੋਹਣੇ ਬੱਜਰਕੁਰੈਹਤਾਂ ਔਗੁਣ ਰੂਪ (ਬੀਂਗ)	Anik Beenag Dhaas Kae Parehariaa ||	God covers the many shortcomings of His slaves.	ਹੇ ਭਾਈ! ਪ੍ਰਭੂ ਨੇ ਆਪਣੇ ਸੇਵਕ ਦੇ ਅਨੇਕਾਂ ਵਿੰਗ ਦੂਰ ਕਰ ਦਿੱਤੇ,
31927	742	ਕਰਿ ਕਿਰਪਾ ਪ੍ਰਭਿ ਅਪਨਾ ਕਰਿਆ॥੧॥		Kar Kirapaa Prabh Apanaa Kariaa ||1||	Granting His Mercy, God makes them His own. ||1||	ਤੇ ਕਿਰਪਾ ਕਰ ਕੇ ਉਸ ਨੂੰ ਆਪਣਾ ਬਣਾ ਲਿਆ ਹੈ ॥੧॥
31928	742	ਤੁਮਹਿ ਛਡਾਇ ਲੀਓ ਜਨੁ ਅਪਨਾ॥		Thumehi Shhaddaae Leeou Jan Apanaa ||	You emancipate Your humble servant,	ਹੇ ਪ੍ਰਭੂ! ਤੂੰ ਆਪਣੇ ਸੇਵਕ ਨੂੰ (ਉਸ ਮੋਹ ਜਾਲ ਵਿਚੋਂ) ਆਪ ਕੱਢ ਲਿਆ,

31929	742	ਉਰਝਿ ਪਰਿਓ ਜਾਲੁ ਜਗੁ ਸੁਪਨਾ॥੧॥ਰਹਾਉ॥		Ourajh Pariou Jaal Jag Supanaa ||1|| Rehaao ||	And rescue him from the noose of the world, which is just a dream. ||1||Pause||	ਜੋ ਸੁਪਨੇ ਵਰਗੇ ਜਗਤ (ਦਾ ਮੋਹ-) ਜਾਲ (ਤੇਰੇ ਸੇਵਕ ਦੇ ਦੁਆਲੇ) ਚੀੜ੍ਹਾ ਹੋ ਗਿਆ ਸੀ ॥੧॥ ਰਹਾਉ ॥
31930	742	ਪਰਬਤ ਦੋਖ ਮਹਾ ਬਿਕਰਾਲਾ॥		Parabath Dhokh Mehaa Bikaraalaa ||	Even huge mountains of sin and corruption	ਹੇ ਭਾਈ! (ਸਰਨ ਆਏ ਮਨੁੱਖ ਦੇ) ਪਹਾੜਾਂ ਜੇਡੇ ਵੱਡੇ ਤੇ ਭਿਆਨਕ ਐਬ-
31931	742	ਖਿਨ ਮਹਿ ਦੂਰਿ ਕੀਏ ਦਇਆਲਾ॥੨॥		Khin Mehi Dhoor Keeeae Dhaeiaalaa ||2||	Are removed in an instant by the Merciful Lord. ||2||	ਦੀਨਾਂ ਉਤੇ ਦਇਆ ਕਰਨ ਵਾਲੇ ਪਰਮਾਤਮਾ ਨੇ ਇਕ ਛਿਨ ਵਿਚ ਦੂਰ ਕਰ ਦਿੱਤੇ ॥੨॥
31932	742	ਸੋਗ ਰੋਗ ਬਿਪਤਿ ਅਤਿ ਭਾਰੀ॥		Sog Rog Bipath Ath Bhaaree ||	Sorrow, disease and the most terrible calamities	ਹੇ ਭਾਈ! (ਸੇਵਕ ਦੇ) ਅਨੇਕਾਂ ਗ਼ਮ ਤੇ ਰੋਗ ਵੱਡੀਆਂ ਭਾਰੀਆਂ ਮੁਸੀਬਤਾਂ-
31933	742	ਦੂਰਿ ਭਈ ਜਪਿ ਨਾਮੁ ਮੁਰਾਰੀ॥੩॥		Dhoor Bhee Jap Naam Muraaree ||3||	Are removed by meditating on the Naam, the Name of the Lord. ||3||	ਪਰਮਾਤਮਾ ਦਾ ਨਾਮ ਜਪ ਕੇ ਦੂਰ ਹੋ ਗਈਆਂ ॥੩॥
31934	742	ਦ੍ਰਿਸਟਿ ਧਾਰਿ ਲੀਨੋ ਲੜਿ ਲਾਇ॥		Dhrisatt Dhhaar Leeno Larr Laae ||	Bestowing His Glance of Grace, He attaches us to the hem of His robe.	ਹੇ ਭਾਈ! ਪਰਮਾਤਮਾ ਨੇ ਮੇਹਰ ਦੀ ਨਿਗਾਹ ਕਰ ਕੇ ਉਸ ਮਨੁੱਖ ਨੂੰ ਆਪਣੇ ਲੜ ਲਾ ਲਿਆ,

31935	743	ਹਰਿ ਚਰਣ ਗਹੇ ਨਾਨਕ ਸਰਣਾਇ॥੪॥੨੨॥੨੮॥		Har Charan Gehae Naanak Saranaae ||4||22||28||	Grasping the Lord's Feet, O Nanak, we enter His Sanctuary. ||4||22||28||	ਹੇ ਨਾਨਕ! (ਆਖ-) ਜਿਸ ਮਨੁੱਖ ਨੇ ਪਰਮਾਤਮਾ ਦੇ ਚਰਨ ਫੜ ਲਏ, ਜੋ ਮਨੁੱਖ ਪ੍ਰਭੂ ਦੀ ਸਰਨ ਆ ਪਿਆ ॥੪॥੨੨॥੨੮॥
31936	743	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31937	743	ਦੀਨੁ ਛਡਾਇ ਦੁਨੀ ਜੋ ਲਾਏ॥		Dheen Shhaddaae Dhunee Jo Laaeae ||	One who withdraws from God's Path, and attaches himself to the world	ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਨਾਮ-ਧਨ ਵਿਹਾਝਣ ਵਲੋਂ ਹਟਾ ਕੇ ਦੁਨੀਆ ਦੇ ਧਨ ਵਲ ਲਾ ਦੇਂਦਾ ਹੈ,
31938	743	ਦੁਹੀ ਸਰਾਈ ਖੁਨਾਮੀ ਕਹਾਏ॥੧॥		Dhuhee Saraaee Khunaamee Kehaaeae ||1||	Is known as a sinner in both worlds. ||1||	ਉਹ ਮਨੁੱਖ ਦੋਹਾਂ ਜਹਾਨਾਂ ਵਿਚ (ਇਸ ਲੋਕ ਤੇ ਪਰਲੋਕ ਵਿਚ) ਗੁਨਹਗਾਰ ਅਖਵਾਂਦਾ ਹੈ ॥੧॥
31939	743	ਜੋ ਤਿਸੁ ਭਾਵੈ ਸੋ ਪਰਵਾਣੁ॥		Jo This Bhaavai So Paravaan ||	He alone is approved, who pleases the Lord.	ਹੇ ਭਾਈ! ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ, ਜੀਵਾਂ ਨੂੰ ਉਹੀ ਕੁਝ ਸਿਰ-ਮੱਥੇ ਮੰਨਣਾ ਪੈਂਦਾ ਹੈ (ਉਹੀ ਕੁਝ ਜੀਵ ਕਰਦੇ ਹਨ)
31940	743	ਆਪਣੀ ਕੁਦਰਤਿ ਆਪੇ ਜਾਣੁ॥੧॥ਰਹਾਉ॥		Aapanee Kudharath Aapae Jaan ||1|| Rehaao ||	Only He Himself knows His creative omnipotence. ||1||Pause||	ਪਰਮਾਤਮਾ ਆਪਣੀ ਰਚੀ ਸ੍ਰਿਸ਼ਟੀ ਬਾਰੇ ਆਪ ਹੀ ਸਭ ਕੁਝ ਜਾਣਨ ਵਾਲਾ ਹੈ ॥੧॥ ਰਹਾਉ ॥

31941	743	ਸਚਾ ਧਰਮੁ ਪੁੰਨੁ ਭਲਾ ਕਰਾਏ॥		Sachaa Dhharam Punn Bhalaa Karaaeae ||	One who practices truth, righteous living, charity and good deeds,	ਹੇ ਭਾਈ! (ਜਿਸ ਮਨੁੱਖ ਪਾਸੋਂ ਪਰਮਾਤਮਾ) ਸਦਾ-ਥਿਰ ਰਹਿਣ ਵਾਲਾ (ਨਾਮ-ਸਿਮਰਨ-) ਧਰਮ ਕਰਾਂਦਾ ਹੈ, (ਨਾਮ-ਸਿਮਰਨ ਦਾ) ਨੇਕ ਭਲਾ ਕੰਮ ਕਰਾਂਦਾ ਹੈ,
31942	743	ਦੀਨ ਕੈ ਤੋਸੈ ਦੁਨੀ ਨ ਜਾਏ॥੨॥		Dheen Kai Thosai Dhunee N Jaaeae ||2||	Has the supplies for God's Path. Worldly success shall not fail him. ||2||	ਨਾਮ-ਧਨ ਇਕੱਠਾ ਕਰਦਿਆਂ ਉਸ ਦੀ ਇਹ ਦੁਨੀਆ ਭੀ ਨਹੀਂ ਵਿਗੜਦੀ ॥੨॥
31943	743	ਸਰਬ ਨਿਰੰਤਰਿ ਏਕੋ ਜਾਗੈ॥		Sarab Niranthar Eaeko Jaagai ||	Within and among all, the One Lord is awake.	ਹੇ ਭਾਈ! (ਜੀਵਾਂ ਦੇ ਕੀਹ ਵੱਸ?) ਹਰੇਕ ਜੀਵ ਉਸੇ ਉਸੇ ਕੰਮ ਵਿਚ ਲੱਗਦਾ ਹੈ,
31944	743	ਜਿਤੁ ਜਿਤੁ ਲਾਇਆ ਤਿਤੁ ਤਿਤੁ ਕੋ ਲਾਗੈ॥੩॥		Jith Jith Laaeiaa Thith Thith Ko Laagai ||3||	As He attaches us, so are we attached. ||3||	ਜਿਸ ਜਿਸ ਕੰਮ ਵਿਚ ਪਰਮਾਤਮਾ ਲਾਂਦਾ ਹੈ ॥੩॥
31945	743	ਅਗਮ ਅਗੋਚਰੁ ਸਚੁ ਸਾਹਿਬੁ ਮੇਰਾ॥		Agam Agochar Sach Saahib Maeraa ||	You are inaccessible and unfathomable, O my True Lord and Master.	ਹੇ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਮੇਰਾ ਮਾਲਕ ਹੈਂ, ਤੂੰ ਅਪਹੁੰਚ ਹੈਂ, ਗਿਆਨ-ਇੰਦ੍ਰਿਆਂ ਦੀ ਰਾਹੀਂ ਤੇਰੇ ਤਕ ਪਹੁੰਚਿਆ ਨਹੀਂ ਜਾ ਸਕਦਾ।

31946	743	ਨਾਨਕੁ ਬੋਲੈ ਬੋਲਾਇਆ ਤੇਰਾ॥੪॥੨੩॥੨੯॥		Naanak Bolai Bolaaeiaa Thaeraa ||4||23||29||	Nanak speaks as You inspire him to speak. ||4||23||29||	(ਤੇਰਾ ਦਾਸ) ਨਾਨਕ ਤੇਰਾ ਪ੍ਰੇਰਿਆ ਹੋਇਆ ਹੀ ਤੇਰਾ ਨਾਮ ਉਚਾਰ ਸਕਦਾ ਹੈ ॥੪॥੨੩॥੨੯॥
31947	743	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31948	743	ਪ੍ਰਾਤਹਕਾਲਿ ਹਰਿ ਨਾਮੁ ਉਚਾਰੀ॥		Praathehakaal Har Naam Ouchaaree ||	In the early hours of the morning, I chant the Lord's Name.	ਹੇ ਭਾਈ! ਅੰਮ੍ਰਿਤ ਵੇਲੇ (ਉੱਠ ਕੇ) ਪਰਮਾਤਮਾ ਦਾ ਨਾਮ ਸਿਮਰਿਆ ਕਰ,
31949	743	ਈਤ ਊਤ ਕੀ ਓਟ ਸਵਾਰੀ॥੧॥		Eeth Ooth Kee Outt Savaaree ||1||	I have fashioned a shelter for myself, hear and hereafter. ||1||	(ਇਸ ਤਰ੍ਹਾਂ) ਇਸ ਲੋਕ ਅਤੇ ਪਰਲੋਕ ਵਾਸਤੇ ਸੋਹਣਾ ਆਸਰਾ ਬਣਾਂਦਾ ਰਿਹਾ ਕਰ ॥੧॥
31950	743	ਸਦਾ ਸਦਾ ਜਪੀਐ ਹਰਿ ਨਾਮ॥		Sadhaa Sadhaa Japeeai Har Naam ||	Forever and ever, I chant the Lord's Name	ਹੇ ਭਾਈ! ਸਦਾ ਹੀ ਪਰਮਾਤਮਾ ਦਾ ਨਾਮ ਸਿਮਰਦੇ ਰਹਿਣਾ ਚਾਹੀਦਾ ਹੈ।
31951	743	ਪੂਰਨ ਹੋਵਹਿ ਮਨ ਕੇ ਕਾਮ॥੧॥ਰਹਾਉ॥		Pooran Hovehi Man Kae Kaam ||1|| Rehaao ||	And the desires of my mind are fulfilled. ||1||Pause||	(ਸਿਮਰਨ ਦੀ ਬਰਕਤਿ ਨਾਲ) ਮਨ ਦੇ ਚਿਤਵੇ ਹੋਏ ਸਾਰੇ ਕੰਮ ਸਫਲ ਹੋ ਜਾਂਦੇ ਹਨ ॥੧॥ ਰਹਾਉ ॥
31952	743	ਪ੍ਰਭੁ ਅਬਿਨਾਸੀ ਰੈਣਿ ਦਿਨੁ ਗਾਉ॥		Prabh Abinaasee Rain Dhin Gaao ||	Sing the Praises of the Eternal, Imperishable Lord God, night and day.	ਹੇ ਭਾਈ! ਰਾਤ ਦਿਨ ਅਬਿਨਾਸ਼ੀ ਪ੍ਰਭੂ (ਦੀ ਸਿਫ਼ਤਿ-ਸਾਲਾਹ ਦੇ ਗੀਤ) ਗਾਇਆ ਕਰ।

31953	743	ਜੀਵਤ ਮਰਤ ਨਿਹਚਲੁ ਪਾਵਹਿ ਥਾਉ॥੨॥		Jeevath Marath Nihachal Paavehi Thhaao ||2||	In life, and in death, you shall find your eternal, unchanging home. ||2||	(ਇਸ ਤਰ੍ਹਾਂ) ਦੁਨੀਆ ਦੀ ਕਾਰ ਕਰਦਾ ਹੋਇਆ ਨਿਰਮੋਹ ਰਹਿ ਕੇ ਤੂੰ (ਪ੍ਰਭੂ-ਚਰਨਾਂ ਵਿਚ) ਸਦਾ ਕਾਇਮ ਰਹਿਣ ਵਾਲੀ ਥਾਂ ਪ੍ਰਾਪਤ ਕਰ ਲਏਂਗਾ ॥੨॥
31954	743	ਸੋ ਸਾਹੁ ਸੇਵਿ ਜਿਤੁ ਤੋਟਿ ਨ ਆਵੈ॥		So Saahu Saev Jith Thott N Aavai ||	So serve the Sovereign Lord, and you shall never lack anything.	ਹੇ ਭਾਈ! ਨਾਮ-ਧਨ ਦੇ ਮਾਲਕ ਉਸ ਪ੍ਰਭੂ ਦੀ ਸੇਵਾ-ਭਗਤੀ ਕਰਿਆ ਕਰ, (ਉਸ ਪਾਸੋਂ ਐਸਾ ਧਨ ਮਿਲਦਾ ਹੈ) ਜਿਸ ਧਨ ਵਿਚ ਕਦੇ ਘਾਟਾ ਨਹੀਂ ਪੈਂਦਾ।
31955	743	ਖਾਤ ਖਰਚਤ ਸੁਖਿ ਅਨਦਿ ਵਿਹਾਵੈ॥੩॥		Khaath Kharachath Sukh Anadh Vihaavai ||3||	While eating and consuming, you shall pass your life in peace. ||3||	ਉਸ ਧਨ ਨੂੰ ਆਪ ਵਰਤਦਿਆਂ ਹੋਰਨਾਂ ਵਿਚ ਵਰਤਾਂਦਿਆਂ ਜ਼ਿੰਦਗੀ ਸੁਖ ਆਨੰਦ ਨਾਲ ਬੀਤਦੀ ਹੈ ॥੩॥
31956	743	ਜਗਜੀਵਨ ਪੁਰਖੁ ਸਾਧਸੰਗਿ ਪਾਇਆ॥	ਜੱਗਜੀਵਨ	Jagajeevan Purakh Saadhhasang Paaeiaa ||	O Life of the World, O Primal Being, I have found the Saadh Sangat, the Company of the Holy.	ਉਸ ਮਨੁੱਖ ਨੇ ਜਗਤ ਦੇ ਜੀਵਨ ਸਰਬ-ਵਿਆਪਕ ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ,
31957	743	ਗੁਰ ਪ੍ਰਸਾਦਿ ਨਾਨਕ ਨਾਮੁ ਧਿਆਇਆ॥੪॥੨੪॥੩੦॥		Gur Prasaadh Naanak Naam Dhhiaaeiaa ||4||24||30||	By Guru's Grace, O Nanak, I meditate on the Naam, the Name of the Lord. ||4||24||30||	ਹੇ ਨਾਨਕ! ਜਿਸ ਨੇ ਸਾਧ ਸੰਗਤਿ ਵਿਚ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ ਸਿਮਰਨਾ ਸ਼ੁਰੂ ਕਰ ਦਿੱਤਾ ॥੪॥੨੪॥੩੦॥
31958	743	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	

31959	743	ਗੁਰ ਪੂਰੇ ਜਬ ਭਏ ਦਇਆਲ॥		Gur Poorae Jab Bheae Dhaeiaal ||	When the Perfect Guru becomes merciful,	ਹੇ ਭਾਈ! ਜਦੋਂ (ਕਿਸੇ ਮਨੁੱਖ ਉਤੇ) ਪੂਰੇ ਸਤਿਗੁਰੂ ਜੀ ਦਇਆਵਾਨ ਹੁੰਦੇ ਹਨ,
31960	743	ਦੁਖ ਬਿਨਸੇ ਪੂਰਨ ਭਈ ਘਾਲ॥੧॥		Dhukh Binasae Pooran Bhee Ghaal ||1||	My pains are taken away, and my works are perfectly completed. ||1||	(ਉਹ ਮਨੁੱਖ ਹਰਿ-ਨਾਮ ਸਿਮਰਦਾ ਹੈ, ਉਸ ਦੀ ਇਹ) ਮੇਹਨਤ ਸਫਲ ਹੋ ਜਾਂਦੀ ਹੈ, ਤੇ ਉਸ ਦੇ ਸਾਰੇ ਦੁੱਖ ਨਾਸ ਹੋ ਜਾਂਦੇ ਹਨ ॥੧॥
31961	743	ਪੇਖਿ ਪੇਖਿ ਜੀਵਾ ਦਰਸੁ ਤੁਮ੍ਹਾਰਾ॥		Paekh Paekh Jeevaa Dharas Thumhaaraa ||	Gazing upon, beholding the Blessed Vision of Your Darshan, I live;	ਹੇ ਪ੍ਰਭੂ! (ਮੇਹਰ ਕਰ) ਤੇਰਾ ਦਰਸਨ ਸਦਾ ਕਰ ਕਰ ਕੇ ਮੈਨੂੰ ਆਤਮਕ ਜੀਵਨ ਮਿਲਦਾ ਰਹੇ,
31962	743	ਚਰਣਕਮਲ ਜਾਈ ਬਲਿਹਾਰਾ॥		Charan Kamal Jaaee Balihaaraa ||	I am a sacrifice to Your Lotus Feet.	ਮੈਂ ਤੇਰੇ ਸੋਹਣੇ ਚਰਨਾਂ ਤੋਂ ਸਦਕੇ ਹੁੰਦਾ ਰਹਾਂ।
31963	743	ਤੁਝ ਬਿਨੁ ਠਾਕੁਰ ਕਵਨੁ ਹਮਾਰਾ॥੧॥ਰਹਾਉ॥		Thujh Bin Thaakur Kavan Hamaaraa ||1|| Rehaao ||	Without You, O my Lord and Master, who belongs to me? ||1||Pause||	ਹੇ ਮਾਲਕ ਤੇਰੇ ਬਿਨਾ ਮੇਰਾ ਹੋਰ ਕੋਈ ਆਸਰਾ ਨਹੀਂ ॥੧॥ ਰਹਾਉ ॥
31964	743	ਸਾਧਸੰਗਤਿ ਸਿਉ ਪ੍ਰੀਤਿ ਬਣਿ ਆਈ॥		Saadhhasangath Sio Preeth Ban Aaee ||	I have fallen in love with the Saadh Sangat, the Company of the Holy,	ਹੇ ਭਾਈ! ਉਸ ਮਨੁੱਖ ਦਾ ਪਿਆਰ ਗੁਰੂ ਦੀ ਸੰਗਤਿ ਨਾਲ ਬਣ ਜਾਂਦਾ ਹੈ,

31965	743	ਪੂਰਬ ਕਰਮਿ ਲਿਖਤ ਧੁਰਿ ਪਾਈ॥੨॥		Poorab Karam Likhath Dhhur Paaee ||2||	By the karma of my past actions and my pre-ordained destiny. ||2||	ਪੂਰਬਲੇ ਜਨਮਾਂ ਦੇ ਕੀਤੇ ਕਰਮ ਅਨੁਸਾਰ ਧੁਰ ਦਰਗਾਹ ਤੋਂ ਜਿਸ ਮਨੁੱਖ ਦੇ ਮਸਤਕ ਉਤੇ ਲਿਖਿਆ ਲੇਖ ਉੱਘੜਦਾ ਹੈ ॥੨॥
31966	743	ਜਪਿ ਹਰਿ ਹਰਿ ਨਾਮੁ ਅਚਰਜੁ ਪਰਤਾਪ॥	ਅ-ਚਰਜੁ	Jap Har Har Naam Acharaj Parathaap ||	Chant the Name of the Lord, Har, Har; how wondrous is His glory!	ਹੇ ਭਾਈ! ਸਦਾ ਪਰਮਾਤਮਾ ਦਾ ਨਾਮ ਜਪਿਆ ਕਰ, ਅਜੇਹਾ ਹੈਰਾਨ ਕਰਨ ਵਾਲਾ ਆਤਮਕ ਤੇਜ ਪ੍ਰਾਪਤ ਹੁੰਦਾ ਹੈ,
31967	743	ਜਾਲਿ ਨ ਸਾਕਹਿ ਤੀਨੇ ਤਾਪ॥੩॥		Jaal N Saakehi Theenae Thaap ||3||	The three types of illness cannot consume it. ||3||	ਕਿ (ਆਧਿ, ਬਿਆਧਿ, ਉਪਾਧਿ-ਇਹ) ਤਿੰਨੇ ਹੀ ਤਾਪ (ਆਤਮਕ ਜੀਵਨ ਨੂੰ) ਸਾੜ ਨਹੀਂ ਸਕਣਗੇ ॥੩॥
31968	743	ਨਿਮਖ ਨ ਬਿਸਰਹਿ ਹਰਿ ਚਰਣ ਤੁਮ੍ਹਾਰੇ॥		Nimakh N Bisarehi Har Charan Thumhaarae ||	May I never forget, even for an instant, the Lord's Feet.	ਹੇ ਹਰੀ! ਤੇਰੇ ਚਰਨ (ਨਾਨਕ ਨੂੰ) ਅੱਖ ਝਮਕਣ ਜਿਤਨੇ ਸਮੇ ਲਈ ਭੀ ਨਾਹ ਭੁੱਲਣ।
31969	743	ਨਾਨਕੁ ਮਾਗੈ ਦਾਨੁ ਪਿਆਰੇ ॥੪॥੨੫॥੩੧॥		Naanak Maagai Dhaan Piaarae ||4||25||31||	Nanak begs for this gift, O my Beloved. ||4||25||31||	ਹੇ ਪਿਆਰੇ! (ਤੇਰੇ ਦਰ ਤੋਂ ਤੇਰਾ ਦਾਸ) ਨਾਨਕ (ਇਹੋ) ਦਾਨ ਮੰਗਦਾ ਹੈ ॥੪॥੨੫॥੩੧॥
31970	743	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31971	743	ਸੇ ਸੰਜੋਗ ਕਰਹੁ ਮੇਰੇ ਪਿਆਰੇ॥		Sae Sanjog Karahu Maerae Piaarae ||	May there be such an auspicious time, O my Beloved,	ਹੇ ਮੇਰੇ ਪਿਆਰੇ! (ਮੇਰੇ ਵਾਸਤੇ) ਉਹ ਢੋ ਢੁਕਾ,

31972	743	ਜਿਤੁ ਰਸਨਾ ਹਰਿ ਨਾਮੁ ਉਚਾਰੇ॥੧॥		Jith Rasanaa Har Naam Ouchaarae ||1||	When, with my tongue, I may chant the Lord's Name||1||	ਜਿਸ ਦੀ ਰਾਹੀਂ (ਮੇਰੀ) ਜੀਭ ਤੇਰਾ ਨਾਮ ਉਚਾਰਦੀ ਰਹੇ ॥੧॥
31973	743	ਸੁਣਿ ਬੇਨਤੀ ਪ੍ਰਭ ਦੀਨ ਦਇਆਲਾ॥		Sun Baenathee Prabh Dheen Dhaeiaalaa ||	Hear my prayer, O God, O Merciful to the meek.	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! (ਮੇਰੀ) ਬੇਨਤੀ ਸੁਣ,
31974	743	ਸਾਧ ਗਾਵਹਿ ਗੁਣ ਸਦਾ ਰਸਾਲਾ॥੧॥ਰਹਾਉ॥		Saadhh Gaavehi Gun Sadhaa Rasaalaa ||1|| Rehaao ||	The Holy Saints ever sing the Glorious Praises of the Lord, the Source of Nectar. ||1||Pause||	(ਜਿਵੇਂ) ਸੰਤ ਜਨ ਸਦਾ ਤੇਰੇ ਰਸ-ਭਰੇ ਗੁਣ ਗਾਂਦੇ ਰਹਿੰਦੇ ਹਨ (ਤਿਵੇਂ ਮੈਂ ਭੀ ਗਾਂਦਾ ਰਹਾਂ) ॥੧॥ ਰਹਾਉ ॥
31975	743	ਜੀਵਨ ਰੂਪੁ ਸਿਮਰਣੁ ਪ੍ਰਭ ਤੇਰਾ॥		Jeevan Roop Simaran Prabh Thaeraa ||	Your meditation and remembrance is life-giving, God.	ਹੇ ਪ੍ਰਭੂ! ਤੇਰਾ ਨਾਮ ਸਿਮਰਨਾ (ਅਸਾਂ ਜੀਵਾਂ ਵਾਸਤੇ) ਆਤਮਕ ਜੀਵਨ ਦੇ ਬਰਾਬਰ ਹੈ।
31976	743	ਜਿਸੁ ਕ੍ਰਿਪਾ ਕਰਹਿ ਬਸਹਿ ਤਿਸੁ ਨੇਰਾ॥੨॥		Jis Kirapaa Karehi Basehi This Naeraa ||2||	You dwell near those upon whom You show mercy. ||2||	ਜਿਸ ਮਨੁੱਖ ਉੱਤੇ ਤੂੰ ਕਿਰਪਾ ਕਰਦਾ ਹੈਂ, ਉਸ ਦੇ ਹਿਰਦੇ ਵਿਚ ਆ ਵੱਸਦਾ ਹੈਂ ॥੨॥
31977	743	ਜਨ ਕੀ ਭੂਖ ਤੇਰਾ ਨਾਮੁ ਆਹਾਰੁ॥		Jan Kee Bhookh Thaeraa Naam Ahaar ||	Your Name is the food to satisfy the hunger of Your humble servants.	ਹੇ ਪ੍ਰਭੂ! ਤੇਰੇ ਸੰਤ ਜਨਾਂ ਦੀ (ਆਤਮਕ) ਭੁਖ (ਦੂਰ ਕਰਨ ਲਈ) ਤੇਰਾ ਨਾਮ ਖ਼ੁਰਾਕ ਹੈ।
31978	743	ਤੂੰ ਦਾਤਾ ਪ੍ਰਭ ਦੇਵਣਹਾਰੁ॥੩॥		Thoon Dhaathaa Prabh Dhaevanehaar ||3||	You are the Great Giver, O Lord God. ||3||	ਇਹ ਖ਼ੁਰਾਕ ਤੂੰ ਹੀ ਦੇਂਦਾ ਹੈਂ, ਤੂੰ ਹੀ ਦੇ ਸਕਦਾ ਹੈਂ ॥੩॥

31979	743	ਰਾਮ ਰਮਤ ਸੰਤਨ ਸੁਖੁ ਮਾਨਾ॥		Raam Ramath Santhan Sukh Maanaa ||	The Saints take pleasure in repeating the Lord's Name.	ਸੰਤ ਜਨ ਉਸ ਪਰਮਾਤਮਾ ਦਾ ਨਾਮ ਸਿਮਰ ਕੇ ਆਤਮਕ ਆਨੰਦ ਮਾਣਦੇ ਰਹਿੰਦੇ ਹਨ,
31980	743	ਨਾਨਕ ਦੇਵਨਹਾਰ ਸੁਜਾਨਾ॥੪॥੨੬॥੩੨॥		Naanak Dhaevanehaar Sujaanaa ||4||26||32||	O Nanak, the Lord, the Great Giver, is All-knowing. ||4||26||32||	ਹੇ ਨਾਨਕ! ਜੋ ਸਭ ਕੁਝ ਦੇਣ ਦੇ ਸਮਰਥ ਹੈ ਅਤੇ ਜੋ (ਹਰ ਗੱਲੇ) ਸਿਆਣਾ ਹੈ ॥੪॥੨੬॥੩੨॥
31981	743	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
31982	743	ਬਹਤੀ ਜਾਤ ਕਦੇ ਦ੍ਰਿਸਟਿ ਨ ਧਾਰਤ॥		Behathee Jaath Kadhae Dhrisatt N Dhhaarath ||	Your life is slipping away, but you never even notice.	ਹੇ ਭਾਈ! (ਤੇਰੀ ਉਮਰ ਦੀ ਨਦੀ) ਵਹਿੰਦੀ ਜਾ ਰਹੀ ਹੈ, ਪਰ ਤੂੰ ਇਧਰ ਧਿਆਨ ਨਹੀਂ ਕਰਦਾ।
31983	743	ਮਿਥਿਆ ਮੋਹ ਬੰਧਹਿ ਨਿਤ ਪਾਰਚ॥੧॥	ਔਗੁਣਾਂ ਪਾਪਾਂ ਜ਼ੁਲਮ ਦੇ (ਮਿਥਿਆ)ਝੂਠੇ ਮੋਹ ਕਰਕੇ. ਹੰਕਾਰ ਵਿਕਾਰ ਚ (ਪਾਰਚ)ਪਰਚ ਰਿਹਾ ਹੈ। ਨਿੱਤ। (ਬੰਧਹਿ)ਬੰਨ੍ਹਦਾ ਹੈ	Mithhiaa Moh Bandhhehi Nith Paarach ||1||	You are constantly entangled in false attachments and conflicts. ||1||	ਤੂੰ ਨਾਸਵੰਤ ਪਦਾਰਥਾਂ ਦੇ ਮੋਹ ਦੇ ਬਾਨ੍ਹਣੂ ਹੀ ਸਦਾ ਬੰਨ੍ਹਦਾ ਰਹਿੰਦਾ ਹੈਂ ॥੧॥
31984	743	ਮਾਧਵੇ ਭਜੁ ਦਿਨ ਨਿਤ ਰੈਣੀ॥		Maadhhavae Bhaj Dhin Nith Rainee ||	Meditate, vibrate constantly, day and night, on the Lord.	ਹੇ ਭਾਈ! ਦਿਨ ਰਾਤ ਸਦਾ ਮਾਇਆ ਦੇ ਪਤੀ ਪ੍ਰਭੂ ਦਾ ਨਾਮ ਜਪਿਆ ਕਰ।
31985	743	ਜਨਮੁ ਪਦਾਰਥੁ ਜੀਤਿ ਹਰਿ ਸਰਣੀ॥੧॥ਰਹਾਉ॥		Janam Padhaarathh Jeeth Har Saranee ||1|| Rehaao ||	You shall be victorious in this priceless human life, in the Protection of the Lord's Sanctuary. ||1||Pause||	ਪ੍ਰਭੂ ਦੀ ਸਰਨ ਪੈ ਕੇ ਕੀਮਤੀ ਮਨੁੱਖਾ ਜਨਮ ਦਾ ਲਾਭ ਖੱਟ ਲੈ ॥੧॥ ਰਹਾਉ ॥

31986	743	ਕਰਤ ਬਿਕਾਰ ਦੋਊ ਕਰ ਝਾਰਤ॥		Karath Bikaar Dhooo Kar Jhaarath ||	You eagerly commit sins and practice corruption,	ਹੇ ਭਾਈ! ਤੂੰ ਹਾਣ ਲਾਭ ਵਿਚਾਰਨ ਤੋਂ ਬਿਨਾ ਹੀ ਵਿਕਾਰ ਕਰੀ ਜਾ ਰਿਹਾ ਹੈਂ,
31987	743	ਰਾਮ ਰਤਨੁ ਰਿਦ ਤਿਲੁ ਨਹੀ ਧਾਰਤ॥੨॥		Raam Rathan Ridh Thil Nehee Dhhaarath ||2||	But you do not enshrine the jewel of the Lord's Name within your heart, even for an instant. ||2||	ਪਰਮਾਤਮਾ ਦਾ ਰਤਨ (ਵਰਗਾ ਕੀਮਤੀ) ਨਾਮ ਆਪਣੇ ਹਿਰਦੇ ਵਿਚ ਤੂੰ ਇਕ ਛਿਨ ਵਾਸਤੇ ਭੀ ਨਹੀਂ ਟਿਕਾਂਦਾ ॥੨॥
31988	743	ਭਰਣ ਪੋਖਣ ਸੰਗਿ ਅਉਧ ਬਿਹਾਣੀ॥		Bharan Pokhan Sang Aoudhh Bihaanee ||	Feeding and pampering your body, your life is passing away,	ਹੇ ਭਾਈ! (ਆਪਣਾ ਸਰੀਰ) ਪਾਲਣ ਪੋਸਣ ਵਿਚ ਹੀ ਤੇਰੀ ਉਮਰ ਲੰਘਦੀ ਜਾ ਰਹੀ ਹੈ।
31989	744	ਜੈ ਜਗਦੀਸ ਕੀ ਗਤਿ ਨਹੀ ਜਾਣੀ॥੩॥	ਜੱਗਦੀਸ	Jai Jagadhees Kee Gath Nehee Jaanee ||3||	But you do not experience the state of victory of the Lord of the Universe. ||3||	ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਆਤਮਕ ਆਨੰਦ ਦੀ ਅਵਸਥਾ ਤੂੰ (ਹੁਣ ਤਕ) ਸਮਝੀ ਹੀ ਨਹੀਂ ॥੩॥
31990	744	ਸਰਣਿ ਸਮਰਥ ਅਗੋਚਰ ਸੁਆਮੀ॥	ਸਮਰੱਥ	Saran Samarathh Agochar Suaamee ||	So enter the Sanctuary of the All-powerful, Unfathomable Lord and Master.	ਹੇ ਸਭ ਤਾਕਤਾਂ ਦੇ ਮਾਲਕ! ਗਿਆਨ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਰਹਿਣ ਵਾਲੇ ਹੇ ਮਾਲਕ! ਮੈਂ ਤੇਰੀ ਸਰਨ ਆਇਆ ਹਾਂ,
31991	744	ਉਧਰੁ ਨਾਨਕ ਪ੍ਰਭੁ ਅੰਤਰਜਾਮੀ ॥੪॥੨੭॥੩੩॥	(ਉ-ਧਰੁ)ਉਧਾਰਨਾ ਕਰੋ	Oudhhar Naanak Prabh Antharajaamee ||4||27||33||	O God, O Searcher of hearts, please, save Nanak! ||4||27||33||	ਹੇ ਨਾਨਕ! (ਆਖ-ਮੈਨੂੰ ਵਿਕਾਰਾਂ ਤੋਂ) ਬਚਾ ਲੈ, ਤੂੰ ਮੇਰਾ ਮਾਲਕ ਹੈਂ, ਤੂੰ ਮੇਰੇ ਦਿਲ ਦੀ ਜਾਣਨ ਵਾਲਾ ਹੈਂ ॥੪॥੨੭॥੩੩॥
31992	744	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	

31993	744	ਸਾਧਸੰਗਿ ਤਰੈ ਭੈ ਸਾਗਰੁ॥		Saadhhasang Tharai Bhai Saagar ||	Cross over the terrifying world-ocean in the Saadh Sangat, the Company of the Holy.	ਹੇ ਭਾਈ! ਗੁਰੂ ਦੀ ਸੰਗਤਿ ਵਿਚ ਮਨੁੱਖ ਡਰਾਂ-ਭਰੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।
31994	744	ਹਰਿ ਹਰਿ ਨਾਮੁ ਸਿਮਰਿ ਰਤਨਾਗਰੁ॥੧॥		Har Har Naam Simar Rathanaagar ||1||	Remember in meditation the Name of the Lord, Har, Har, the source of jewels. ||1||	ਰਤਨਾਂ ਦੀ ਖਾਣਿ ਹਰਿ-ਨਾਮ ਸਿਮਰ ਸਿਮਰ ਕੇ (ਮਨੁੱਖ ਦਾ ਉਧਾਰ ਹੁੰਦਾ ਹੈ) ॥੧॥
31995	744	ਸਿਮਰਿ ਸਿਮਰਿ ਜੀਵਾ ਨਾਰਾਇਣ॥		Simar Simar Jeevaa Naaraaein ||	Remembering, remembering the Lord in meditation, I live.	ਹੇ ਭਾਈ! (ਗੁਰੂ ਦੀ ਕਿਰਪਾ ਨਾਲ) ਮੈਂ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਆਤਮਕ ਜੀਵਨ ਹਾਸਲ ਕਰ ਰਿਹਾ ਹਾਂ।
31996	744	ਦੂਖ ਰੋਗ ਸੋਗ ਸਭਿ ਬਿਨਸੇ ਗੁਰ ਪੂਰੇ ਮਿਲਿ ਪਾਪ ਤਜਾਇਣ॥੧॥ਰਹਾਉ ॥		Dhookh Rog Sog Sabh Binasae Gur Poorae Mil Paap Thajaaein ||1|| Rehaao ||	All pain, disease and suffering is dispelled, meeting the Perfect Guru; sin has been eradicated. ||1||Pause||	ਹੇ ਭਾਈ! ਗੁਰੂ ਨੂੰ ਮਿਲ ਕੇ ਸਾਰੇ ਦੁੱਖ ਰੋਗ ਗ਼ਮ ਨਾਸ ਹੋ ਜਾਂਦੇ ਹਨ, ਪਾਪ ਤਿਆਗੇ ਜਾਂਦੇ ਹਨ ॥੧॥ ਰਹਾਉ ॥
31997	744	ਜੀਵਨਪਦਵੀ ਹਰਿ ਕਾ ਨਾਉ॥		Jeevan Padhavee Har Kaa Naao ||	The immortal status is obtained through the Name of the Lord;	ਹੇ ਭਾਈ! ਪਰਮਾਤਮਾ ਦਾ ਨਾਮ (ਹੀ) ਆਤਮਕ ਜ਼ਿੰਦਗੀ ਦਾ ਪਿਆਰ ਹੈ।

31998	744	ਮਨੁ ਤਨੁ ਨਿਰਮਲੁ ਸਾਚੁ ਸੁਆਉ॥੨॥	(ਸੁਆਉ)ਲਾਭ	Man Than Niramal Saach Suaao ||2||	The mind and body become spotless and pure, which is the true purpose of life. ||2||	(ਨਾਮ ਦੀ ਬਰਕਤਿ ਨਾਲ) ਮਨ ਪਵਿਤਰ ਹੋ ਜਾਂਦਾ ਹੈ, ਸਰੀਰ ਪਵਿਤਰ ਹੋ ਜਾਂਦਾ ਹੈ, (ਨਾਮ ਸਿਮਰਦਿਆਂ) ਸਦਾ-ਥਿਰ ਪ੍ਰਭੂ (ਦਾ ਮਿਲਾਪ ਹੀ) ਜੀਵਨ ਮਨੋਰਥ ਬਣ ਜਾਂਦਾ ਹੈ ॥੨॥
31999	744	ਆਠ ਪਹਰ ਪਾਰਬ੍ਰਹਮੁ ਧਿਆਈਐ॥		Aath Pehar Paarabreham Dhhiaaeeai ||	Twenty-four hours a day, meditate on the Supreme Lord God.	ਹੇ ਭਾਈ! ਪਰਮਾਤਮਾ ਦਾ ਨਾਮ ਅੱਠੇ ਪਹਰ ਸਿਮਰਦੇ ਰਹਿਣਾ ਚਾਹੀਦਾ ਹੈ,
32000	744	ਪੂਰਬਿ ਲਿਖਤੁ ਹੋਇ ਤਾ ਪਾਈਐ॥੩॥		Poorab Likhath Hoe Thaa Paaeeai ||3||	By pre-ordained destiny, the Name is obtained. ||3||	ਪਰ ਇਹ ਦਾਤ ਤਦੋਂ ਹੀ ਮਿਲਦੀ ਹੈ ਜੇ ਪੂਰਬਲੇ ਜਨਮ ਵਿਚ (ਮੱਥੇ ਉਤੇ ਨਾਮ ਸਿਮਰਨ ਦਾ) ਲੇਖ ਲਿਖਿਆ ਹੋਵੇ ॥੩॥
32001	744	ਸਰਣਿ ਪਏ ਜਪਿ ਦੀਨ ਦਇਆਲਾ॥		Saran Peae Jap Dheen Dhaeiaalaa ||	I have entered His Sanctuary, and I meditate on the Lord, Merciful to the meek.	ਹੇ ਭਾਈ! ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ ਦਾ ਨਾਮ ਜਪ ਜਪ ਕੇ ਜੇਹੜੇ ਮਨੁੱਖ ਉਸ ਪ੍ਰਭੂ ਦੀ ਸਰਨ ਪਏ ਰਹਿੰਦੇ ਹਨ,
32002	744	ਨਾਨਕੁ ਜਾਚੈ ਸੰਤ ਰਵਾਲਾ ॥੪॥੨੮॥੩੪॥		Naanak Jaachai Santh Ravaalaa ||4||28||34||	Nanak longs for the dust of the Saints. ||4||28||34||	ਨਾਨਕ ਉਹਨਾਂ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹੈ ॥੪॥੨੮॥੩੪॥
32003	744	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	

32004	744	ਘਰ ਕਾ ਕਾਜੁ ਨ ਜਾਣੀ ਰੂੜਾ॥		Ghar Kaa Kaaj N Jaanee Roorraa ||	The beautiful one does not know the work of his own home.	(ਹੇ ਪ੍ਰਭੂ! ਤੇਰੀ ਮੇਹਰ ਤੋਂ ਬਿਨਾ) ਮਨੁੱਖ ਉਹ ਸੋਹਣਾ ਕੰਮ ਕਰਨਾ ਨਹੀਂ ਜਾਣਦਾ, ਜੇਹੜਾ ਇਸ ਦੇ ਆਪਣੇ ਹਿਰਦੇ-ਘਰ ਦੇ ਕੰਮ ਆਉਂਦਾ ਹੈ,
32005	744	ਝੂਠੈ ਧੰਧੈ ਰਚਿਓ ਮੂੜਾ॥੧॥		Jhoothai Dhhandhhai Rachiou Moorraa ||1||	The fool is engrossed in false attachments. ||1||	(ਸਗੋਂ) ਇਹ ਮੂਰਖ ਝੂਠੇ ਧੰਧੇ ਵਿਚ ਮਸਤ ਰਹਿੰਦਾ ਹੈ ॥੧॥
32006	744	ਜਿਤੁ ਤੂੰ ਲਾਵਹਿ ਤਿਤੁ ਤਿਤੁ ਲਗਨਾ॥	ਲੱਗਨਾ	Jith Thoon Laavehi Thith Thith Laganaa ||	As You attach us, so we are attached.	ਹੇ ਪ੍ਰਭੂ! ਜਿਸ ਜਿਸ ਕੰਮ ਵਿਚ ਤੂੰ (ਅਸਾਂ ਜੀਵਾਂ ਨੂੰ) ਲਾਂਦਾ ਹੈਂ, ਉਸ ਉਸ ਕੰਮ ਵਿਚ ਅਸੀਂ ਲੱਗਦੇ ਹਾਂ।
32007	744	ਜਾ ਤੂੰ ਦੇਹਿ ਤੇਰਾ ਨਾਉ ਜਪਨਾ॥੧॥ਰਹਾਉ॥		Jaa Thoon Dhaehi Thaeraa Naao Japanaa ||1|| Rehaao ||	When You bless us with Your Name, we chant it. ||1||Pause||	ਜਦੋਂ ਤੂੰ (ਸਾਨੂੰ ਆਪਣਾ ਨਾਮ) ਦੇਂਦਾ ਹੈਂ, ਤਦੋਂ ਤੇਰਾ ਨਾਮ ਜਪਦੇ ਹਾਂ ॥੧॥ ਰਹਾਉ ॥
32008	744	ਹਰਿ ਕੇ ਦਾਸ ਹਰਿ ਸੇਤੀ ਰਾਤੇ॥		Har Kae Dhaas Har Saethee Raathae ||	The Lord's slaves are imbued with the Love of the Lord.	ਹੇ ਭਾਈ! ਪਰਮਾਤਮਾ ਦੇ ਸੇਵਕ ਪਰਮਾਤਮਾ ਨਾਲ ਹੀ ਰੰਗੇ ਰਹਿੰਦੇ ਹਨ,
32009	744	ਰਾਮ ਰਸਾਇਣਿ ਅਨ ਦਿਨੁ ਮਾਤੇ॥੨॥	ਮਾੱਤੇ	Raam Rasaaein Anadhin Maathae ||2||	They are intoxicated with the Lord, night and day. ||2||	ਹਰ ਵੇਲੇ ਸਭ ਰਸਾਂ ਤੋਂ ਸ੍ਰੇਸ਼ਟ ਹਰਿ-ਨਾਮ ਰਸ ਵਿਚ ਮਸਤ ਰਹਿੰਦੇ ਹਨ ॥੨॥

32010	744	ਬਾਹ ਪਕਰਿ ਪ੍ਰਭਿ ਆਪੇ ਕਾਢੇ॥		Baah Pakar Prabh Aapae Kaadtae ||	Reaching out to grasp hold of our arms, God lifts us up.	ਹੇ ਭਾਈ! ਪ੍ਰਭੂ ਨੇ ਆਪ ਹੀ (ਜਿਨ੍ਹਾਂ ਮਨੁੱਖਾਂ ਨੂੰ) ਬਾਂਹ ਫੜ ਕੇ (ਝੂਠੇ ਧੰਧਿਆਂ ਵਿਚੋਂ) ਕੱਢ ਲਿਆ,
32011	744	ਜਨਮ ਜਨਮ ਕੇ ਟੂਟੇ ਗਾਢੇ॥੩॥		Janam Janam Kae Ttoottae Gaadtae ||3||	Separated for countless incarnations, we are united with Him again. ||3||	ਅਨੇਕਾਂ ਜਨਮਾਂ ਦੇ (ਪ੍ਰਭੂ ਨਾਲੋਂ) ਟੁੱਟਿਆਂ ਹੋਇਆਂ ਨੂੰ (ਉਸ ਪ੍ਰਭੂ ਨੇ ਆਪ ਹੀ ਆਪਣੇ ਨਾਲ) ਜੋੜ ਲਿਆ ॥੩॥
32012	744	ਉਧਰੁ ਸੁਆਮੀ ਪ੍ਰਭ ਕਿਰਪਾ ਧਾਰੇ॥	ਔਗੁਣਾਂ ਤੋਂ (ਉ-ਧਰੁ)ਉਧਾਰਨਾ ਕਰੋ	Oudhhar Suaamee Prabh Kirapaa Dhhaarae ||	Save me, O God, O my Lord and Master - shower me with Your Mercy.	ਹੇ ਮਾਲਕ ਪ੍ਰਭੂ! ਮੇਹਰ ਕਰ। (ਮੈਨੂੰ ਝੂਠੇ ਧੰਧਿਆਂ ਤੋਂ) ਬਚਾ ਲੈ,
32013	744	ਨਾਨਕ ਦਾਸ ਹਰਿ ਸਰਣਿ ਦੁਆਰੇ॥੪॥੨੯॥੩੫॥		Naanak Dhaas Har Saran Dhuaarae ||4||29||35||	Slave Nanak seeks Sanctuary at Your Door, O Lord. ||4||29||35||	ਹੇ ਦਾਸ ਨਾਨਕ! (ਆਖ-) ਮੈਂ ਤੇਰੀ ਸਰਨ ਆਇਆ ਹਾਂ, ਮੈਂ ਤੇਰੇ ਦਰ ਤੇ (ਆ ਡਿੱਗਾ ਹਾਂ) ॥੪॥੨੯॥੩੫॥
32014	744	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32015	744	ਸੰਤ ਪ੍ਰਸਾਦਿ ਨਿਹਚਲੁ ਘਰੁ ਪਾਇਆ॥		Santh Prasaadh Nihachal Ghar Paaeiaa ||	By the Grace of the Saints, I have found my eternal home.	ਹੇ ਭਾਈ! (ਜਿਸ ਨੇ) ਗੁਰੂ ਦੀ ਕਿਰਪਾ ਨਾਲ ਕਦੇ ਨਾਹ ਡੋਲਣ ਵਾਲਾ ਹਿਰਦਾ-ਘਰ ਲੱਭ ਲਿਆ,

32016	744	ਸਰਬ ਸੂਖ ਫਿਰਿ ਨਹੀ ਡੋਲਾਇਆ॥੧॥		Sarab Sookh Fir Nehee Dduolaaeiaa ||1||	I have found total peace, and I shall not waver again. ||1||	(ਹਿਰਦੇ ਦੀ ਅਡੋਲਤਾ ਪ੍ਰਾਪਤ ਕਰ ਲਈ) ਉਸ ਨੂੰ ਸਾਰੇ ਸੁਖ ਪ੍ਰਾਪਤ ਹੋ ਗਏ, (ਉਹ ਮਨੁੱਖ ਕਦੇ ਵਿਕਾਰਾਂ ਵਿਚ) ਨਹੀਂ ਡੋਲਦਾ ॥੧॥
32017	744	ਗੁਰੂ ਧਿਆਇ ਹਰਿ ਚਰਨ ਮਨਿ ਚੀਨ੍ਹੇ॥		Guroo Dhhiaae Har Charan Man Cheenhae ||	I meditate on the Guru, and the Lord's Feet, within my mind.	ਹੇ ਭਾਈ! (ਜਿਨ੍ਹਾਂ ਮਨੁੱਖਾਂ ਨੇ) ਗੁਰੂ ਦਾ ਧਿਆਨ ਧਰ ਕੇ ਪਰਮਾਤਮਾ ਦੇ ਚਰਨਾਂ ਨੂੰ (ਆਪਣੇ) ਮਨ ਵਿਚ (ਵੱਸਦਾ) ਪਛਾਣ ਲਿਆ,
32018	744	ਤਾ ਤੇ ਕਰਤੈ ਅਸਥਿਰੁ ਕੀਨ੍ਹੇ॥੧॥ਰਹਾਉ॥		Thaa Thae Karathai Asathhir Keenhae ||1|| Rehaao ||	In this way, the Creator Lord has made me steady and stable. ||1||Pause||	ਇਸ (ਪਰਖ) ਦੀ ਬਰਕਤਿ ਨਾਲ ਕਰਤਾਰ ਨੇ (ਉਹਨਾਂ ਨੂੰ) ਅਡੋਲ-ਚਿੱਤ ਬਣਾ ਦਿੱਤਾ ॥੧॥ ਰਹਾਉ ॥
32019	744	ਗੁਣ ਗਾਵਤ ਅਚੁਤ ਅਬਿਨਾਸੀ॥	ਅ-ਚੁੱਤ	Gun Gaavath Achuth Abinaasee ||	I sing the Glorious Praises of the unchanging, eternal Lord God,	ਹੇ ਭਾਈ! ਅਟੱਲ ਅਬਿਨਾਸੀ ਪ੍ਰਭੂ ਦੇ ਗੁਣ ਗਾਂਦਿਆਂ-
32020	744	ਤਾ ਤੇ ਕਾਟੀ ਜਮ ਕੀ ਫਾਸੀ॥੨॥		Thaa Thae Kaattee Jam Kee Faasee ||2||	And the noose of death is snapped. ||2||	ਗੁਣ ਗਾਣ ਦੀ ਬਰਕਤਿ ਨਾਲ ਜਮਾਂ ਦੀ ਫਾਹੀ ਕੱਟੀ ਜਾਂਦੀ ਹੈ ॥੨॥
32021	744	ਕਰਿ ਕਿਰਪਾ ਲੀਨੇ ਲੜਿ ਲਾਏ॥		Kar Kirapaa Leenae Larr Laaeae ||	Showering His Mercy, he has attached me to the hem of His robe.	ਮੇਹਰ ਕਰ ਕੇ ਜਿਨ੍ਹਾਂ ਨੂੰ ਪ੍ਰਭੂ ਆਪਣੇ ਲੜ ਲਾ ਲੈਂਦਾ ਹੈ,

32022	744	ਸਦਾ ਅਨਦੁ ਨਾਨਕ ਗੁਣ ਗਾਏ॥੩॥੩੦॥੩੬॥	ਅਨ-ਦੁ	Sadhaa Anadh Naanak Gun Gaaeae ||3||30||36||	In constant bliss, Nanak sings His Glorious Praises. ||3||30||36||	ਹੇ ਨਾਨਕ! ਉਹ ਮਨੁੱਖ ਪ੍ਰਭੂ ਦੇ ਗੁਣ ਗਾ ਕੇ ਸਦਾ ਆਤਮਕ ਆਨੰਦ ਮਾਣਦੇ ਹਨ ॥੩॥੩੦॥੩੬॥
32023	744	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32024	744	ਅੰਮ੍ਰਿਤ ਬਚਨ ਸਾਧ ਕੀ ਬਾਣੀ॥		Anmrith Bachan Saadhh Kee Baanee ||	The Words, the Teachings of the Holy Saints, are Ambrosial Nectar.	ਹੇ ਭਾਈ! ਗੁਰੂ ਦੀ ਉਚਾਰੀ ਹੋਈ ਬਾਣੀ ਆਤਮਕ ਜੀਵਨ ਦੇਣ ਵਾਲੇ ਬਚਨ ਹਨ।
32025	744	ਜੋ ਜੋ ਜਪੈ ਤਿਸ ਕੀ ਗਤਿ ਹੋਵੈ ਹਰਿ ਹਰਿ ਨਾਮੁ ਨਿਤ ਰਸਨ ਬਖਾਨੀ॥੧॥ਰਹਾਉ॥		Jo Jo Japai This Kee Gath Hovai Har Har Naam Nith Rasan Bakhaanee ||1|| Rehaao ||	Whoever meditates on the Lord's Name is emancipated; he chants the Name of the Lord,Har,Har, with his tongue. ||1||Pause||	ਜੇਹੜਾ ਜੇਹੜਾ ਮਨੁੱਖ (ਇਸ ਬਾਣੀ ਨੂੰ) ਜਪਦਾ ਹੈ, ਉਸ ਦੀ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ, ਉਹ ਮਨੁੱਖ ਸਦਾ ਆਪਣੀ ਜੀਭ ਨਾਲ ਪਰਮਾਤਮਾ ਦਾ ਨਾਮ ਉਚਾਰਦਾ ਰਹਿੰਦਾ ਹੈ ॥੧॥ ਰਹਾਉ ॥
32026	744	ਕਲੀ ਕਾਲ ਕੇ ਮਿਟੇ ਕਲੇਸਾ॥		Kalee Kaal Kae Mittae Kalaesaa ||	The pains and sufferings of the Dark Age of Kali Yuga are eradicated,	ਹੇ ਭਾਈ! (ਗੁਰਬਾਣੀ ਦੀ ਬਰਕਤਿ ਨਾਲ) ਕਲੇਸ਼ਾਂ-ਭਰੇ ਜੀਵਨ-ਸਮੇ ਦੇ ਸਾਰੇ ਕਲੇਸ਼ ਮਿਟ ਜਾਂਦੇ ਹਨ,
32027	744	ਏਕੋ ਨਾਮੁ ਮਨ ਮਹਿ ਪਰਵੇਸਾ॥੧॥		Eaeko Naam Man Mehi Paravaesaa ||1||	When the One Name abides within the mind. ||1||	(ਕਿਉਂਕਿ ਬਾਣੀ ਦਾ ਸਦਕਾ) ਇਕ ਹਰਿ-ਨਾਮ ਹੀ ਮਨ ਵਿਚ ਟਿਕਿਆ ਰਹਿੰਦਾ ਹੈ ॥੧॥

32028	744	ਸਾਧੂ ਧੂਰਿ ਮੁਖਿ ਮਸਤਕਿ ਲਾਈ॥		Saadhhoo Dhhoor Mukh Masathak Laaee ||	I apply the dust of the feet of the Holy to my face and forehead.	ਗੁਰੂ ਦੇ ਚਰਨਾਂ ਦੀ ਧੂੜ (ਜਿਨ੍ਹਾਂ ਮਨੁੱਖਾਂ ਨੇ ਆਪਣੇ) ਮੂੰਹ ਉਤੇ ਮੱਥੇ ਉਤੇ ਲਾ ਲਈ,
32029	744	ਨਾਨਕ ਉਧਰੇ ਹਰਿ ਗੁਰ ਸਰਣਾਈ॥੨॥੩੧॥੩੭॥		Naanak Oudhharae Har Gur Saranaaee ||2||31||37||	Nanak has been saved, in the Sanctuary of the Guru, the Lord. ||2||31||37||	ਹੇ ਨਾਨਕ! ਉਹ ਮਨੁੱਖ ਗੁਰੂ ਦੀ ਸਰਨ ਪੈ ਕੇ ਪ੍ਰਭੂ ਦੀ ਸਰਨ ਪੈ ਕੇ (ਝਗੜਿਆਂ ਕਲੇਸ਼ਾਂ ਤੋਂ) ਬਚ ਗਏ ॥੨॥੩੧॥੩੭॥
32030	744	ਸੂਹੀ ਮਹਲਾ ੫ ਘਰੁ ੩॥		Soohee Mehalaa 5 Ghar 3 ||	Soohee, Fifth Mehl: Third House:	
32031	744	ਗੋਬਿੰਦਾ ਗੁਣ ਗਾਉ ਦਇਆਲਾ॥		Gobindhaa Gun Gaao Dhaeiaalaa ||	I sing the Glorious Praises of the Lord of the Universe, the Merciful Lord.	ਹੇ ਗੋਬਿੰਦ! ਹੇ ਦਇਆਲ! ਮੈਂ (ਸਦਾ ਤੇਰੇ) ਗੁਣ ਗਾਂਦਾ ਰਹਾਂ।
32032	744	ਦਰਸਨੁ ਦੇਹੁ ਪੂਰਨ ਕਿਰਪਾਲਾ॥ਰਹਾਉ॥		Dharasan Dhaehu Pooran Kirapaalaa || Rehaao ||	Please, bless me with the Blessed Vision of Your Darshan, O Perfect, Compassionate Lord. ||Pause||	ਹੇ ਪੂਰਨ ਕਿਰਪਾਲ! (ਮੈਨੂੰ ਆਪਣਾ) ਦਰਸਨ ਦੇਹ ਰਹਾਉ॥
32033	744	ਕਰਿ ਕਿਰਪਾ ਤੁਮ ਹੀ ਪ੍ਰਤਿਪਾਲਾ॥		Kar Kirapaa Thum Hee Prathipaalaa ||	Please, grant Your Grace, and cherish me.	ਹੇ ਗੋਬਿੰਦ! ਤੂੰ ਹੀ ਕਿਰਪਾ ਕਰ ਕੇ (ਅਸਾਂ ਜੀਵਾਂ ਦੀ) ਪਾਲਣਾ ਕਰਦਾ ਹੈਂ।

32034	744	ਜੀਉ ਪਿੰਡੁ ਸਭੁ ਤੁਮਰਾ ਮਾਲਾ॥੧॥	ਮਾਲਾ:ਪੋਲਾ ਬੋਲੋ।ਮਾਲਾ:ਲੱਲੇ ਭਾਰੇ ਨਹੀਂ ਕਰਨੇ	Jeeo Pindd Sabh Thumaraa Maalaa ||1||	My soul and body are all Your property. ||1||	ਇਹ ਜਿੰਦ ਇਹ ਸਰੀਰ ਸਭ ਕੁਝ ਤੇਰੀ ਹੀ ਦਿੱਤੀ ਹੋਈ ਰਾਸਿ-ਪੂੰਜੀ ਹੈ ॥੧॥
32035	744	ਅੰਮ੍ਰਿਤ ਨਾਮੁ ਚਲੈ ਜਪਿ ਨਾਲਾ॥	ਨਾਲਾ:ਪੋਲਾ ਬੋਲੋ	Anmrith Naam Chalai Jap Naalaa ||	Only meditation on the Ambrosial Naam, the Name of the Lord, will go along with you.	ਹੇ ਭਾਈ! ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ (ਸਦਾ) ਜਪਿਆ ਕਰ (ਇਹੀ ਇਥੋਂ ਜੀਵਾਂ ਦੇ) ਨਾਲ ਜਾਂਦਾ ਹੈ।
32036	744	ਨਾਨਕ ਜਾਚੈ ਸੰਤ ਰਵਾਲਾ॥੨॥੩੨॥੩੮॥		Naanak Jaachai Santh Ravaalaa ||2||32||38||	Nanak begs for the dust of the Saints. ||2||32||38||	ਨਾਨਕ (ਭੀ) ਗੁਰੂ ਦੇ ਚਰਨਾਂ ਦੀ ਧੂੜ ਮੰਗਦਾ ਹੈ। (ਜਿਸ ਦੀ ਬਰਕਤਿ ਨਾਲ ਹਰਿ-ਨਾਮ ਪ੍ਰਾਪਤ ਹੁੰਦਾ ਹੈ) ॥੨॥੩੨॥੩੮॥
32037	744	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32038	744	ਤਿਸੁ ਬਿਨੁ ਦੂਜਾ ਅਵਰੁ ਨ ਕੋਈ॥		This Bin Dhoojaa Avar N Koee ||	Without Him, there is no other at all.	ਹੇ ਭਾਈ! ਉਸ ਤੋਂ ਬਿਨਾ ਹੋਰ ਕੋਈ ਨਹੀਂ (ਜੋ ਵਿਕਾਰਾਂ ਰੋਗਾਂ ਤੋਂ ਬਚਣ ਲਈ ਸਹਾਰਾ ਦੇ ਸਕੇ)।
32039	744	ਆਪੇ ਥੰਮੈ ਸਚਾ ਸੋਈ॥੧॥		Aapae Thhanmai Sachaa Soee ||1||	The True Lord Himself is our anchor. ||1||	ਉਹ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪ ਹੀ (ਹਰੇਕ ਜੀਵ ਨੂੰ) ਸਹਾਰਾ ਦੇਂਦਾ ਹੈ ॥੧॥
32040	744	ਹਰਿ ਹਰਿ ਨਾਮੁ ਮੇਰਾ ਆਧਾਰੁ॥		Har Har Naam Maeraa Aadhhaar ||	The Name of the Lord, Har, Har, is our only support.	ਹੇ ਭਾਈ! ਉਸ ਪਰਮਾਤਮਾ ਦਾ ਨਾਮ ਮੇਰਾ ਆਸਰਾ ਹੈ,

32041	744	ਕਰਣ ਕਾਰਣ ਸਮਰਥੁ ਅਪਾਰੁ॥੧॥ਰਹਾਉ॥		Karan Kaaran Samarathh Apaar ||1|| Rehaao ||	The Creator, the Cause of causes, is All-powerful and Infinite. ||1||Pause||	ਜੇਹੜਾ ਪਰਮਾਤਮਾ ਸਾਰੇ ਜਗਤ ਦਾ ਮੂਲ ਹੈ, ਜੋ ਸਭ ਤਾਕਤਾਂ ਦਾ ਮਾਲਕ ਹੈ, ਜਿਸ ਦੀ ਹਸਤੀ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ ॥੧॥ ਰਹਾਉ ॥
32042	744	ਸਭ ਰੋਗ ਮਿਟਾਵੇ ਨਵਾ ਨਿਰੋਆ॥		Sabh Rog Mittaavae Navaa Niroaa ||	He has eradicated all illness, and healed me.	ਉਸ ਮਨੁੱਖ ਦੇ ਉਹ ਸਾਰੇ ਰੋਗ ਮਿਟਾ ਦੇਂਦਾ ਹੈ, ਉਸ ਨੂੰ ਨਵਾਂ ਨਿਰੋਆ ਕਰ ਦੇਂਦਾ ਹੈ,
32043	744	ਨਾਨਕ ਰਖਾ ਆਪੇ ਹੋਆ॥੨॥੩੩॥੩੯॥		Naanak Rakhaa Aapae Hoaa ||2||33||39||	O Nanak, He Himself has become my Savior. ||2||33||39||	ਹੇ ਨਾਨਕ! ਜਿਸ ਦਾ ਰਾਖਾ ਪ੍ਰਭੂ ਆਪ ਬਣ ਜਾਂਦਾ ਹੈ ॥੨॥੩੩॥੩੯॥
32044	745	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32045	745	ਦਰਸਨ ਕਉ ਲੋਚੈ ਸਭੁ ਕੋਈ॥		Dharasan Ko Lochai Sabh Koee ||	Everyone longs for the Blessed Vision of the Lord's Darshan.	ਹੇ ਭਾਈ! ਹਰੇਕ ਜੀਵ (ਭਾਵੇਂ) ਪਰਮਾਤਮਾ ਦੇ ਦਰਸਨ ਨੂੰ ਤਾਂਘਦਾ ਹੋਵੇ,
32046	745	ਪੂਰੈ ਭਾਗਿ ਪਰਾਪਤਿ ਹੋਈ॥ਰਹਾਉ॥		Poorai Bhaag Paraapath Hoee || Rehaao ||	By perfect destiny, it is obtained. ||Pause||	ਪਰ (ਉਸ ਦਾ ਮਿਲਾਪ) ਵੱਡੀ ਕਿਸਮਤ ਨਾਲ ਹੀ ਮਿਲਦਾ ਹੈ ਰਹਾਉ॥
32047	745	ਸਿਆਮ ਸੁੰਦਰ ਤਜਿ ਨੀਦ ਕਿਉ ਆਈ॥		Siaam Sundhar Thaj Needh Kio Aaee ||	Forsaking the Beautiful Lord, how can they go to sleep?	(ਸ਼ੋਕ!) ਮੈਨੂੰ ਕਿਉਂ ਗ਼ਫ਼ਲਤ ਦੀ ਨੀਂਦ ਆ ਗਈ? ਮੈਂ ਕਿਉਂ ਸੋਹਣੇ ਪ੍ਰਭੂ ਨੂੰ ਭੁਲਾ ਦਿੱਤਾ?

32048	745	ਮਹਾ ਮੋਹਨੀ ਦੂਤਾ ਲਾਈ॥੧॥		Mehaa Mohanee Dhoothaa Laaee ||1||	The great enticer Maya has led them down the path of sin. ||1||	(ਸ਼ੋਕ!) ਇਹਨਾਂ ਕਾਮਾਦਿਕ ਵੈਰੀਆਂ ਨੇ ਮੈਨੂੰ ਇਹ ਵੱਡੀ ਮਨ ਨੂੰ ਮੋਹਣ ਵਾਲੀ ਮਾਇਆ ਚੰਬੋੜ ਦਿੱਤੀ ॥੧॥
32049	745	ਪ੍ਰੇਮ ਬਿਛੋਹਾ ਕਰਤ ਕਸਾਈ॥	(ਕਸਾਈ)ਜ਼ੋਰ ਜ਼ੁਲਮ ਔਗੁਣ ਕਾਮਾਦਿਕ	Praem Bishhohaa Karath Kasaaee ||	This butcher has separated them from the Beloved Lord.	ਪ੍ਰੇਮ ਦੀ ਅਣਹੋਂਦ (ਮੇਰੇ ਅੰਦਰ) ਕਸਾਈ-ਪੁਣਾ ਕਰ ਰਹੀ ਹੈ,
32050	745	ਨਿਰਦੈ ਜੰਤੁ ਤਿਸੁ ਦਇਆ ਨ ਪਾਈ॥੨॥	ਨਿਰ-ਦੈ	Niradhai Janth This Dhaeiaa N Paaee ||2||	This merciless one shows no mercy at all to the poor beings. ||2||	ਇਹ ਵਿਛੋੜਾ (ਮਾਨੋ) ਇਕ ਨਿਰਦਈ ਜੀਵ ਹੈ ਜਿਸ ਦੇ ਅੰਦਰ ਰਤਾ ਭਰ ਦਇਆ ਨਹੀਂ ਹੈ ॥੨॥
32051	745	ਅਨਿਕ ਜਨਮ ਬੀਤੀਅਨ ਭਰਮਾਈ॥	(ਭਰਮਾਈ)ਭ੍ਰਮਦਿਆਂ (੨. ਬੀਤੀ ਅਨ)	Anik Janam Beetheean Bharamaaee ||	Countless lifetimes have passed away, wandering aimlessly.	ਭਟਕਦਿਆਂ ਭਟਕਦਿਆਂ ਅਨੇਕਾਂ ਹੀ ਜਨਮ ਬੀਤ ਗਏ।
32052	745	ਘਰਿ ਵਾਸੁ ਨ ਦੇਵੈ ਦੁਤਰ ਮਾਈ॥੩॥	ਦੁੱਤ-ਰ	Ghar Vaas N Dhaevai Dhuthar Maaee ||3||	The terrible, treacherous Maya does not even allow them to dwell in their own home. ||3||	ਇਹ ਦੁੱਤਰ ਮਾਇਆ ਹਿਰਦੇ-ਘਰ ਵਿਚ (ਮੇਰੇ ਮਨ ਨੂੰ) ਟਿਕਣ ਨਹੀਂ ਦੇਂਦੀ ॥੩॥
32053	745	ਦਿਨੁ ਰੈਨਿ ਅਪਨਾ ਕੀਆ ਪਾਈ॥		Dhin Rain Apanaa Keeaa Paaee ||	Day and night, they receive the rewards of their own actions.	ਪਰ ਮੈਂ ਦਿਨ ਰਾਤ ਆਪਣੇ ਕਮਾਏ ਦਾ ਫਲ ਭੋਗ ਰਿਹਾ ਹਾਂ।

32054	745	ਕਿਸੁ ਦੋਸੁ ਨ ਦੀਜੈ ਕਿਰਤੁ ਭਵਾਈ॥੪॥		Kis Dhos N Dheejai Kirath Bhavaaee ||4||	Don't blame anyone else; your own actions lead you astray. ||4||	ਕਿਸੇ ਨੂੰ ਦੋਸ ਨਹੀਂ ਦਿੱਤਾ ਜਾ ਸਕਦਾ, ਮੈਂ ਪਿਛਲੇ ਜਨਮਾਂ ਦਾ ਆਪਣਾ ਹੀ ਕੀਤਾ ਭਟਕਣਾ ਵਿਚ ਪਾ ਰਿਹਾ ਹੈ ॥੪॥
32055	745	ਸੁਣਿ ਸਾਜਨ ਸੰਤ ਜਨ ਭਾਈ॥		Sun Saajan Santh Jan Bhaaee ||	Listen, O Friend, O Saint, O humble Sibling of Destiny:	ਹੇ ਸੱਜਣੋ! ਹੇ ਭਰਾਵੋ! ਹੇ ਸੰਤ ਜਨੋ! ਸੁਣੋ।
32056	745	ਚਰਣ ਸਰਣ ਨਾਨਕ ਗਤਿ ਪਾਈ॥੫॥੩੪॥੪੦॥		Charan Saran Naanak Gath Paaee ||5||34||40||	In the Sanctuary of the Lord's Feet, Nanak has found Salvation. ||5||34||40||	ਹੇ ਨਾਨਕ! (ਆਖ-) ਪਰਮਾਤਮਾ ਦੇ ਸੋਹਣੇ ਚਰਣਾਂ ਦੀ ਸਰਨ ਪਿਆਂ ਹੀ ਉੱਚ ਆਤਮਕ ਅਵਸਥਾ ਪ੍ਰਾਪਤ ਹੋ ਸਕਦੀ ਹੈ ॥੫॥੩੪॥੪੦॥
32057	745	ਰਾਗੁ ਸੂਹੀ ਮਹਲਾ ੫ ਘਰੁ ੪		Raag Soohee Mehalaa 5 Ghar 4	Raag Soohee, Fifth Mehl, Fourth House:	ਰਾਗ ਸੂਹੀ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
32058	745	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32059	745	ਭਲੀ ਸੁਹਾਵੀ ਛਾਪਰੀ ਜਾ ਮਹਿ ਗੁਨ ਗਾਏ॥		Bhalee Suhaavee Shhaaparee Jaa Mehi Gun Gaaeae ||	Even a crude hut is sublime and beautiful, if the Lord's Praises are sung within it.	ਹੇ ਭਾਈ! ਉਹ ਕੁੱਲੀ ਚੰਗੀ ਹੈ, ਜਿਸ ਵਿਚ (ਰਹਿਣ ਵਾਲਾ ਮਨੁੱਖ) ਪ੍ਰਭੂ ਦੇ ਗੁਣ ਗਾਂਦਾ ਰਹਿੰਦਾ ਹੈ।

32060	745	ਕਿਤ ਹੀ ਕਾਮਿ ਨ ਧਉਲਹਰ ਜਿਤੁ ਹਰਿ ਬਿਸਰਾਏ॥੧॥ਰਹਾਉ ॥		Kith Hee Kaam N Dhhoulehar Jith Har Bisaraaeae ||1|| Rehaao ||	Those mansions where the Lord is forgotten are useless. ||1||Pause||	(ਪਰ) ਉਹ ਪੱਕੇ ਮਹੱਲ ਕਿਸੇ ਕੰਮ ਨਹੀਂ, ਜਿਨ੍ਹਾਂ ਵਿਚ (ਵੱਸਣ ਵਾਲਾ ਮਨੁੱਖ) ਪਰਮਾਤਮਾ ਨੂੰ ਭੁਲਾ ਦੇਂਦਾ ਹੈ ॥੧॥ ਰਹਾਉ ॥
32061	745	ਅਨਦੁ ਗਰੀਬੀ ਸਾਧਸੰਗਿ ਜਿਤੁ ਪ੍ਰਭ ਚਿਤਿ ਆਏ॥		Anadh Gareebee Saadhhasang Jith Prabh Chith Aaeae ||	Even poverty is bliss, if God comes to mind in the Saadh Sangat, the Company of the Holy.	ਹੇ ਭਾਈ! ਸਾਧ ਸੰਗਤਿ ਵਿਚ ਗ਼ਰੀਬੀ (ਸਹਾਰਦਿਆਂ ਭੀ) ਆਨੰਦ ਹੈ ਕਿਉਂਕਿ ਉਸ (ਸਾਧ ਸੰਗਤਿ) ਵਿਚ ਪਰਮਾਤਮਾ ਚਿੱਤ ਵਿਚ ਵੱਸਿਆ ਰਹਿੰਦਾ ਹੈ।
32062	745	ਜਲਿ ਜਾਉ ਏਹੁ ਬਡਪਨਾ ਮਾਇਆ ਲਪਟਾਏ॥੧॥	ਬੱਡ-ਪਨਾ	Jal Jaao Eaehu Baddapanaa Maaeiaa Lapattaaeae ||1||	This worldly glory might just as well burn; it only traps the mortals in Maya. ||1||	ਇਹੋ ਜਿਹਾ ਵੱਡਾ ਅਖਵਾਣਾ ਸੜ ਜਾਏ (ਜਿਸ ਦੇ ਕਾਰਨ ਮਨੁੱਖ) ਮਾਇਆ ਨਾਲ ਹੀ ਚੰਬੜਿਆ ਰਹੇ ॥੧॥
32063	745	ਪੀਸਨੁ ਪੀਸਿ ਓਢਿ ਕਾਮਰੀ ਸੁਖੁ ਮਨੁ ਸੰਤੋਖਾਏ॥	(ਸੰਤੋਖਾਏ)ਜ਼ੋਰ ਦੀ ਇਕੱਠਾ ਬੋਲੋ	Peesan Pees Oudt Kaamaree Sukh Man Santhokhaaeae ||	One may have to grind corn, and wear a coarse blanket, but still, one can find peace of mind and contentment.	(ਗਰੀਬੀ ਵਿਚ) ਚੱਕੀ ਪੀਹ ਕੇ, ਕੰਬਲੀ ਪਹਿਨ ਕੇ ਆਨੰਦ (ਪ੍ਰਾਪਤ ਰਹਿੰਦਾ ਹੈ, ਕਿਉਂਕਿ) ਮਨ ਨੂੰ ਸੰਤੋਖ ਮਿਲਿਆ ਰਹਿੰਦਾ ਹੈ।

32064	745	ਐਸੋ ਰਾਜੁ ਨ ਕਿਤੈ ਕਾਜਿ ਜਿਤੁ ਨਹ ਤ੍ਰਿਪਤਾਏ॥੨॥		Aiso Raaj N Kithai Kaaj Jith Neh Thripathaaeae ||2||	Even empires are of no use at all, if they do not bring satisfaction. ||2||	ਪਰ, ਹੇ ਭਾਈ! ਇਹੋ ਜਿਹਾ ਰਾਜ ਕਿਸੇ ਕੰਮ ਨਹੀਂ ਜਿਸ ਵਿਚ (ਮਨੁੱਖ ਮਾਇਆ ਵਲੋਂ ਕਦੇ) ਰੱਜੇ ਹੀ ਨਾਹ ॥੨॥
32065	745	ਨਗਨ ਫਿਰਤ ਰੰਗਿ ਏਕ ਕੈ ਓਹੁ ਸੋਭਾ ਪਾਏ॥		Nagan Firath Rang Eaek Kai Ouhu Sobhaa Paaeae ||	Someone may wander around naked, but if he loves the One Lord, he receives honor and respect.	ਹੇ ਭਾਈ! ਜੇਹੜਾ ਮਨੁੱਖ ਇਕ ਪਰਮਾਤਮਾ ਦੇ ਪ੍ਰੇਮ ਵਿਚ ਨੰਗਾ ਭੀ ਤੁਰਿਆ ਫਿਰਦਾ ਹੈ, ਉਹ ਸੋਭਾ ਖੱਟਦਾ ਹੈ,
32066	745	ਪਾਟ ਪਟੰਬਰ ਬਿਰਥਿਆ ਜਿਹ ਰਚਿ ਲੋਭਾਏ॥੩॥		Paatt Pattanbar Birathhiaa Jih Rach Lobhaaeae ||3||	Silk and satin clothes are worthless, if they lead to greed. ||3||	ਪਰ ਰੇਸ਼ਮੀ ਕੱਪੜੇ ਪਹਿਨਣੇ ਵਿਅਰਥ ਹਨ ਜਿਨ੍ਹਾਂ ਵਿਚ ਮਸਤ ਹੋ ਕੇ ਮਨੁੱਖ (ਮਾਇਆ ਦਾ ਹੋਰ ਹੋਰ) ਲੋਭ ਕਰਦਾ ਰਹਿੰਦਾ ਹੈ ॥੩॥
32067	745	ਸਭੁ ਕਿਛੁ ਤੁਮ੍ਰੈ ਹਾਥਿ ਪ੍ਰਭ ਆਪਿ ਕਰੇ ਕਰਾਏ॥		Sabh Kishh Thumharai Haathh Prabh Aap Karae Karaaeae ||	Everything is in Your Hands, God. You Yourself are the Doer, the Cause of causes.	(ਹੇ ਭਾਈ! ਜੀਵਾਂ ਨੂੰ ਕੀਹ ਦੋਸ? ਪ੍ਰਭੂ) ਆਪ ਹੀ ਸਭ ਕੁਝ ਕਰਦਾ ਹੈ (ਜੀਵਾਂ ਪਾਸੋਂ) ਕਰਾਂਦਾ ਹੈ।
32068	745	ਸਾਸਿ ਸਾਸਿ ਸਿਮਰਤ ਰਹਾ ਨਾਨਕ ਦਾਨੁ ਪਾਏ॥੪॥੧॥੪੧॥		Saas Saas Simarath Rehaa Naanak Dhaan Paaeae ||4||1||41||	With each and every breath, may I continue to remember You. Please, bless Nanak with this gift. ||4||1||41||	ਹੇ ਨਾਨਕ! (ਆਖ-) ਹੇ ਪ੍ਰਭੂ! ਸਭ ਕੁਝ ਤੇਰੇ ਹੱਥ ਵਿਚ ਹੈ (ਮੇਹਰ ਕਰ, ਤੇਰਾ ਦਾਸ ਤੇਰੇ ਦਰ ਤੋਂ ਇਹ) ਦਾਨ ਹਾਸਲ ਕਰ ਲਏ ਕਿ ਮੈਂ ਹਰੇਕ ਸਾਹ ਦੇ ਨਾਲ ਤੈਨੂੰ ਸਿਮਰਦਾ ਰਹਾਂ ॥੪॥੧॥੪੧॥

32069	745	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32070	745	ਹਰਿ ਕਾ ਸੰਤੁ ਪਰਾਨ ਧਨ ਤਿਸ ਕਾ ਪਨਿਹਾਰਾ॥		Har Kaa Santh Paraan Dhhan This Kaa Panihaaraa ||	The Lord's Saint is my life and wealth. I am his water-carrier.	ਜੇਹੜਾ ਮਨੁੱਖ ਪ੍ਰਭੂ ਦੀ ਭਗਤੀ ਕਰਨ ਵਾਲਾ ਹੈ (ਜੇ ਪ੍ਰਭੂ ਦੀ ਮੇਹਰ ਹੋਵੇ, ਤਾਂ ਮੈਂ) ਆਪਣੇ ਪ੍ਰਾਣ ਆਪਣਾ ਧਨ ਉਸ ਸੰਤ ਦੇ ਹਵਾਲੇ ਕਰ ਦਿਆਂ, ਮੈਂ ਉਸ ਦਾ ਪਾਣੀ ਭਰਨ ਵਾਲਾ ਬਣਿਆ ਰਹਾਂ।
32071	745	ਭਾਈ ਮੀਤ ਸੁਤ ਸਗਲ ਤੇ ਜੀਅ ਹੂੰ ਤੇ ਪਿਆਰਾ॥੧॥ਰਹਾਉ ॥		Bhaaee Meeth Suth Sagal Thae Jeea Hoon Thae Piaaraa ||1|| Rehaao ||	He is dearer to me than all my siblings, friends and children. ||1||Pause||	ਭਰਾ, ਮਿੱਤਰ, ਪੁੱਤਰਾਂ ਨਾਲੋਂ ਜਿੰਦ ਨਾਲੋਂ ਭੀ, ਮੈਨੂੰ ਉਹ ਪਿਆਰਾ ਲੱਗੇ ॥੧॥ ਰਹਾਉ ॥
32072	745	ਕੇਸਾ ਕਾ ਕਰਿ ਬੀਜਨਾ ਸੰਤ ਚੰਉਰੁ ਢੁਲਾਵਉ॥		Kaesaa Kaa Kar Beejanaa Santh Chour Dtulaavo ||	I make my hair into a fan, and wave it over the Saint.	(ਹੇ ਭਾਈ! ਜੇ ਪ੍ਰਭੂ ਮੇਹਰ ਕਰੇ ਤਾਂ) ਮੈਂ ਆਪਣੇ ਕੇਸਾਂ ਦਾ ਪੱਖਾ ਬਣਾ ਕੇ ਪ੍ਰਭੂ ਦੇ ਸੰਤ ਨੂੰ ਚੌਰ ਝੁਲਾਂਦਾ ਰਹਾਂ,
32073	745	ਸੀਸੁ ਨਿਹਾਰਉ ਚਰਣ ਤਲਿ ਧੂਰਿ ਮੁਖਿ ਲਾਵਉ॥੧॥		Sees Nihaaro Charan Thal Dhhoor Mukh Laavo ||1||	I bow my head low, to touch his feet, and apply his dust to my face. ||1||	ਮੈਂ ਸੰਤ ਦੇ ਬਚਨਾਂ ਉੱਤੇ ਆਪਣਾ ਸਿਰ ਨਿਵਾਈ ਰੱਖਾਂ, ਉਸ ਦੇ ਚਰਨਾਂ ਦੀ ਧੂੜ ਲੈ ਕੇ ਮੈਂ ਆਪਣੇ ਮੱਥੇ ਉਤੇ ਲਾਂਦਾ ਰਹਾਂ ॥੧॥

32074	745	ਮਿਸਟ ਬਚਨ ਬੇਨਤੀ ਕਰਉ ਦੀਨ ਕੀ ਨਿਆਈ॥		Misatt Bachan Baenathee Karo Dheen Kee Niaaee ||	I offer my prayer with sweet words, in sincere humility.	(ਹੇ ਭਾਈ! ਜੇ ਪ੍ਰਭੂ ਦਇਆ ਕਰੇ, ਤਾਂ) ਮੈਂ ਨਿਮਾਣਿਆਂ ਵਾਂਗ (ਸੰਤ ਅੱਗੇ) ਮਿੱਠੇ ਬੋਲਾਂ ਨਾਲ ਬੇਨਤੀ ਕਰਦਾ ਰਹਾਂ,
32075	745	ਤਜਿ ਅਭਿਮਾਨੁ ਸਰਣੀ ਪਰਉ ਹਰਿ ਗੁਣ ਨਿਧਿ ਪਾਈ॥੨॥		Thaj Abhimaan Saranee Paro Har Gun Nidhh Paaee ||2||	Renouncing egotism, I enter His Sanctuary. I have found the Lord, the treasure of virtue. ||2||	ਅਹੰਕਾਰ ਛੱਡ ਕੇ ਉਸ ਦੀ ਸਰਨ ਪਿਆ ਰਹਾਂ, ਤੇ, ਉਸ ਸੰਤ ਪਾਸੋਂ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦਾ ਮਿਲਾਪ ਹਾਸਲ ਕਰਾਂ ॥੨॥
32076	745	ਅਵਲੋਕਨ ਪੁਨਹ ਪੁਨਹ ਕਰਉ ਜਨ ਕਾ ਦਰਸਾਰੁ॥		Avalokan Puneh Puneh Karo Jan Kaa Dharasaar ||	I gaze upon the Blessed Vision of the Lord's humble servant, again and again.	(ਹੇ ਭਾਈ! ਪ੍ਰਭੂ ਕਿਰਪਾ ਕਰੇ) ਮੈਂ ਉਸ ਦੇ ਸੇਵਕ ਦਾ ਦਰਸ਼ਨ ਮੁੜ ਮੁੜ ਵੇਖਦਾ ਰਹਾਂ।
32077	745	ਅੰਮ੍ਰਿਤ ਬਚਨ ਮਨ ਮਹਿ ਸਿੰਚਉ ਬੰਦਉ ਬਾਰ ਬਾਰ॥੩॥		Anmrith Bachan Man Mehi Sincho Bandho Baar Baar ||3||	I cherish and gather in His Ambrosial Words within my mind; time and time again, I bow to Him. ||3||	ਆਤਮਕ ਜੀਵਨ ਦੇਣ ਵਾਲੇ ਉਸ ਸੰਤ ਦੇ ਬਚਨਾਂ ਦਾ ਜਲ ਮੈਂ ਆਪਣੇ ਮਨ ਵਿਚ ਸਿੰਜਦਾ ਰਹਾਂ, ਤੇ, ਮੁੜ ਮੁੜ ਉਸ ਨੂੰ ਨਮਸਕਾਰ ਕਰਦਾ ਰਹਾਂ ॥੩॥
32078	745	ਚਿਤਵਉ ਮਨਿ ਆਸਾ ਕਰਉ ਜਨ ਕਾ ਸੰਗੁ ਮਾਗਉ॥		Chithavo Man Aasaa Karo Jan Kaa Sang Maago ||	In my mind, I wish, hope and beg for the Society of the Lord's humble servants.	ਹੇ ਪ੍ਰਭੂ! ਮੈਂ ਆਪਣੇ ਮਨ ਵਿਚ ਇਹੀ ਆਸ ਕਰਦਾ ਰਹਾਂ, ਮੈਂ ਤੇਰੇ ਪਾਸੋਂ ਤੇਰੇ ਸੇਵਕ ਦਾ ਸਾਥ ਮੰਗਦਾ ਰਹਾਂ।

32079	745	ਨਾਨਕ ਕਉ ਪ੍ਰਭ ਦਇਆ ਕਰਿ ਦਾਸ ਚਰਣੀ ਲਾਗਉ॥੪॥੨॥੪੨॥		Naanak Ko Prabh Dhaeiaa Kar Dhaas Charanee Laago ||4||2||42||	Be Merciful to Nanak, O God, and lead him to the feet of Your slaves. ||4||2||42||	ਨਾਨਕ ਉਤੇ ਮੇਹਰ ਕਰ, ਮੈਂ ਤੇਰੇ ਦਾਸ ਦੇ ਚਰਨੀਂ ਲੱਗਾ ਰਹਾਂ, ਮੈਂ ਹਰ ਵੇਲੇ ਇਹੀ ਚਿਤਾਰਦਾ ਰਹਾਂ ॥੪॥੨॥੪੨॥
32080	745	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32081	745	ਜਿਨਿ ਮੋਹੇ ਬ੍ਰਹਮੰਡ ਖੰਡ ਤਾਹੂ ਮਹਿ ਪਾਉ॥		Jin Mohae Brehamandd Khandd Thaahoo Mehi Paao ||	She has enticed the worlds and solar systems; I have fallen into her clutches.	ਹੇ ਪ੍ਰਭੂ! ਜਿਸ (ਮਾਇਆ) ਨੇ ਸਾਰੀ ਸ੍ਰਿਸ਼ਟੀ ਤੇ ਸਾਰੇ ਦੇਸ ਆਪਣੇ ਪਿਆਰ ਵਿਚ ਫਸਾਏ ਹੋਏ ਹਨ, ਉਸੇ (ਮਾਇਆ) ਦੇ ਵੱਸ ਵਿਚ ਮੈਂ ਭੀ ਪਿਆ ਹੋਇਆ ਹਾਂ।
32082	745	ਰਾਖਿ ਲੇਹੁ ਇਹੁ ਬਿਖਈ ਜੀਉ ਦੇਹੁ ਅਪੁਨਾ ਨਾਉ॥੧॥ਰਹਾਉ॥		Raakh Laehu Eihu Bikhee Jeeo Dhaehu Apunaa Naao ||1|| Rehaao ||	O Lord, please save this corrupt soul of mine; please bless me with Your Name. ||1||Pause||	ਹੇ ਪ੍ਰਭੂ! ਮੈਨੂੰ ਆਪਣਾ ਨਾਮ ਬਖ਼ਸ਼, ਤੇ ਮੈਨੂੰ ਇਸ ਵਿਕਾਰੀ ਜੀਵ ਨੂੰ (ਮਾਇਆ ਦੇ ਹੱਥੋਂ) ਬਚਾ ਲੈ ॥੧॥ ਰਹਾਉ ॥
32083	745	ਜਾ ਤੇ ਨਾਹੀ ਕੋ ਸੁਖੀ ਤਾ ਕੈ ਪਾਛੈ ਜਾਉ॥		Jaa Thae Naahee Ko Sukhee Thaa Kai Paashhai Jaao ||	She has not brought anyone peace, but still, I chase after her.	ਹੇ ਪ੍ਰਭੂ! ਮੈਂ ਭੀ ਉਸ (ਮਾਇਆ) ਦੇ ਪਿੱਛੇ (ਮੁੜ ਮੁੜ) ਜਾਂਦਾ ਹਾਂ ਜਿਸ ਪਾਸੋਂ ਕੋਈ ਭੀ ਕਦੇ ਸੁਖੀ ਨਹੀਂ ਹੋਇਆ।

32084	745	ਛੋਡਿ ਜਾਹਿ ਜੋ ਸਗਲ ਕਉ ਫਿਰਿ ਫਿਰਿ ਲਪਟਾਉ॥੧॥		Shhodd Jaahi Jo Sagal Ko Fir Fir Lapattaao ||1||	She forsakes everyone, but still, I cling to her, again and again. ||1||	ਮੈਂ ਮੁੜ ਮੁੜ (ਉਹਨਾਂ ਪਦਾਰਥਾਂ ਨਾਲ) ਚੰਬੜਦਾ ਹਾਂ, ਜੋ (ਆਖ਼ਰ) ਸਭਨਾਂ ਨੂੰ ਛੱਡ ਜਾਂਦੇ ਹਨ ॥੧॥
32085	745	ਕਰਹੁ ਕ੍ਰਿਪਾ ਕਰੁਣਾਪਤੇ ਤੇਰੇ ਹਰਿ ਗੁਣ ਗਾਉ॥	ਕਰੁਣਾ-ਪਤੇ	Karahu Kirapaa Karunaapathae Thaerae Har Gun Gaao ||	Have Mercy on me, O Lord of Compassion; please let me sing Your Glorious Praises, O Lord.	ਹੇ ਤਰਸ ਦੇ ਮਾਲਕ! ਹੇ ਹਰੀ! (ਮੇਰੇ ਉਤੇ) ਮੇਹਰ ਕਰ, ਮੈਂ ਤੇਰੇ ਗੁਣ ਗਾਂਦਾ ਰਹਾਂ।
32086	745	ਨਾਨਕ ਕੀ ਪ੍ਰਭ ਬੇਨਤੀ ਸਾਧਸੰਗਿ ਸਮਾਉ॥੨॥੩॥੪੩॥		Naanak Kee Prabh Baenathee Saadhhasang Samaao ||2||3||43||	This is Nanak's prayer, O Lord, that he may join and merge with the Saadh Sangat, the Company of the Holy. ||2||3||43||	ਹੇ ਪ੍ਰਭੂ! (ਤੇਰੇ ਸੇਵਕ) ਨਾਨਕ ਦੀ (ਤੇਰੇ ਅੱਗੇ ਇਹੀ) ਬੇਨਤੀ ਹੈ ਕਿ ਮੈਂ ਸਾਧ ਸੰਗਤਿ ਵਿਚ ਟਿਕਿਆ ਰਹਾਂ ॥੨॥੩॥੪੩॥
32087	746	ਰਾਗੁ ਸੂਹੀ ਮਹਲਾ ੫ ਘਰੁ ੫ ਪੜਤਾਲ		Raag Soohee Mehalaa 5 Ghar 5 Parrathaala	Raag Soohee, Fifth Mehl, Fifth House, Partaal:	ਰਾਗ ਸੂਹੀ, ਘਰ ੫ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਪੜਤਾਲ'।
32088	746	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

32089	746	ਪ੍ਰੀਤਿ ਪ੍ਰੀਤਿ ਗੁਰੀਆ ਮੋਹਨ ਲਾਲਨਾ॥		Preeth Preeth Gureeaa Mohan Laalanaa ||	Love of the enticing Beloved Lord is the most glorious love.	ਹੇ ਭਾਈ! (ਦੁਨੀਆ ਦੀਆਂ) ਪ੍ਰੀਤਾਂ ਵਿਚੋਂ ਵੱਡੀ ਪ੍ਰੀਤ ਮਨ ਨੂੰ ਮੋਹਣ ਵਾਲੇ ਲਾਲ-ਪ੍ਰਭੂ ਦੀ ਹੈ।
32090	746	ਜਪਿ ਮਨ ਗੋਬਿੰਦ ਏਕੈ ਅਵਰੁ ਨਹੀ ਕੋ ਲੇਖੈ ਸੰਤ ਲਾਗੁ ਮਨਹਿ ਛਾਡੁ ਦੁਬਿਧਾ ਕੀ ਕੁਰੀਆ॥੧॥ਰਹਾਉ ॥	(ਕੁਰੀਆ)ਪਗਡੰਡੀ	Jap Man Gobindh Eaekai Avar Nehee Ko Laekhai Santh Laag Manehi Shhaadd Dhubidhhaa Kee Kureeaa ||1|| Rehaao ||	Meditate, O mind, on the One Lord of the Universe - nothing else is of any account. Attach your mind to the Saints, and abandon the path of duality. ||1||Pause||	ਹੇ ਮਨ! ਸਿਰਫ਼ ਉਸ ਪ੍ਰਭੂ ਦਾ ਨਾਮ ਜਪਿਆ ਕਰ। ਹੋਰ ਕੋਈ ਉੱਦਮ ਉਸ ਦੀ ਦਰਗਾਹ ਵਿਚ ਪਰਵਾਨ ਨਹੀਂ ਹੁੰਦਾ। ਹੇ ਭਾਈ! ਸੰਤਾਂ ਦੀ ਚਰਨੀਂ ਲੱਗਾ ਰਹੁ, ਅਤੇ ਆਪਣੇ ਮਨ ਵਿਚੋਂ ਡਾਂਵਾਂਡੋਲ ਰਹਿਣ-ਵਾਲੀ ਦਸ਼ਾ ਦੀ ਪਗਡੰਡੀ ਦੂਰ ਕਰ ॥੧॥ ਰਹਾਉ ॥
32091	746	ਨਿਰਗੁਨ ਹਰੀਆ ਸਰਗੁਨ ਧਰੀਆ ਅਨਿਕ ਕੋਠਰੀਆ ਭਿੰਨ ਭਿੰਨ ਭਿੰਨ ਭਿਨ ਕਰੀਆ॥	(ਸਰਗੁਨ)ਸਮੂੰਹ ਬ੍ਰਹਮੰਡਾਂ ਦੀ ਸਾਰੀ ਰਚਨਾ,ਰਾਮ ਜੀ ਦੇ ਸਰਗੁਨ ਸਰੂਪ ਜੀ ਹਨ। ਕੋਠਰੀ-ਆ	Niragun Hareeaa Saragun Dhhareeaa Anik Kothareeaa Bhinn Bhinn Bhinn Bhin Kareeaa ||	The Lord is absolute and unmanifest; He has assumed the most sublime manifestation. He has fashioned countless body chambers of many, varied, different, myriad forms.	ਹੇ ਭਾਈ! ਨਿਰਲੇਪ ਪ੍ਰਭੂ ਨੇ ਤ੍ਰਿਗੁਣੀ ਸੰਸਾਰ ਬਣਾਇਆ, ਇਸ ਵਿਚ ਇਹ ਅਨੇਕਾਂ (ਸਰੀਰ-) ਕੋਠੜੀਆਂ ਉਸ ਨੇ ਵੱਖ ਵੱਖ (ਕਿਸਮ ਦੀਆਂ) ਬਣਾ ਦਿੱਤੀਆਂ।
32092	746	ਵਿਚਿ ਮਨ ਕੋਟਵਰੀਆ॥	(ਕੋਟਵਰੀਆ)ਕੋਤਵਾਲ। ਕੋਟ-ਵਰੀਆ	Vich Man Kottavareeaa ||	Within them, the mind is the policeman;	(ਹਰੇਕ ਸਰੀਰ-ਕੋਠੜੀ) ਵਿਚ ਮਨ ਨੂੰ ਕੋਤਵਾਲ ਬਣਾ ਦਿੱਤਾ।

32093	746	ਨਿਜ ਮੰਦਰਿ ਪਿਰੀਆ॥		Nij Mandhar Pireeaa ||	My Beloved lives in the temple of my inner self.	ਪਿਆਰਾ ਪ੍ਰਭੂ (ਹਰੇਕ ਸਰੀਰ-ਕੋਠੜੀ ਵਿਚ) ਆਪਣੇ ਮੰਦਰ ਵਿਚ ਰਹਿੰਦਾ ਹੈ,
32094	746	ਤਹਾ ਆਨਦ ਕਰੀਆ॥		Thehaa Aanadh Kareeaa ||	He plays there in ecstasy.	ਅਤੇ ਉੱਥੇ ਆਨੰਦ ਮਾਣਦਾ ਹੈ।
32095	746	ਨਹ ਮਰੀਆ ਨਹ ਜਰੀਆ॥੧॥		Neh Mareeaa Neh Jareeaa ||1||	He does not die, and he never grows old. ||1||	ਉਸ ਪ੍ਰਭੂ ਨੂੰ ਨਾਹ ਮੌਤ ਆਉਂਦੀ ਹੈ, ਨਾਹ ਬੁਢਾਪਾ ਉਸ ਦੇ ਨੇੜੇ ਢੁੱਕਦਾ ਹੈ ॥੧॥
32096	746	ਕਿਰਤਨਿ ਜੁਰੀਆ ਬਹੁ ਬਿਧਿ ਫਿਰੀਆ ਪਰ ਕਉ ਹਿਰੀਆ॥	ਜ਼ੋਰ ਜ਼ੁਲਮ ਔਗੁਣਾਂ ਦੀਆਂ (ਕਿਰਤਨਿ)ਕਿਰਤਾਂ ਚ। ਪਰਾਏ ਬੱਚੇ ਬੱਚੀਆਂ ਧਨ (ਹਿਰੀਆ)ਚੁਰਾਉਂਦੇ ਹਨ	Kirathan Jureeaa Bahu Bidhh Fireeaa Par Ko Hireeaa ||	He is engrossed in worldly activities, wandering around in various ways. He steals the property of others,	ਹੇ ਭਾਈ! ਜੀਵ ਪ੍ਰਭੂ ਦੀ ਰਚੀ ਰਚਨਾ ਵਿਚ ਹੀ ਜੁੜਿਆ ਰਹਿੰਦਾ ਹੈ, ਕਈ ਤਰੀਕਿਆਂ ਨਾਲ ਭਟਕਦਾ ਫਿਰਦਾ ਹੈ, ਪਰਾਏ (ਧਨ ਨੂੰ, ਰੂਪ ਨੂੰ) ਤੱਕਦਾ ਫਿਰਦਾ ਹੈ,
32097	746	ਬਿਖਨਾ ਘਿਰੀਆ॥	ਜ਼ੁਲਮ ਔਗੁਣਾਂ ਦੀ (ਬਿਖਨਾ)ਜ਼ਹਿਰ। (ਘਿਰੀਆ) ਘਿਰੇ ਹਨ	Bikhanaa Ghireeaa ||	And is surrounded by corruption and sin.	ਵਿਸ਼ੇ-ਵਿਕਾਰਾਂ ਵਿਚ ਘਿਰਿਆ ਰਹਿੰਦਾ ਹੈ।
32098	746	ਅਬ ਸਾਧੂਸੰਗਿ ਪਰੀਆ॥		Ab Saadhhoo Sang Pareeaa ||	But now, he joins the Saadh Sangat, the Company of the Holy,	ਇਸ ਮਨੁੱਖਾ ਜਨਮ ਵਿਚ ਜਦੋਂ ਜੀਵ ਗੁਰੂ ਦੀ ਸੰਗਤਿ ਵਿਚ ਅੱਪੜਦਾ ਹੈ,
32099	746	ਹਰਿ ਦੁਆਰੈ ਖਰੀਆ॥		Har Dhuaarai Khareeaa ||	And stands before the Lord's Gate.	ਤਾਂ ਪ੍ਰਭੂ ਦੇ ਦਰ ਤੇ ਆ ਖਲੋਂਦਾ ਹੈ,
32100	746	ਦਰਸਨੁ ਕਰੀਆ॥		Dharasan Kareeaa ||	He obtains the Blessed Vision of the Lord's Darshan.	(ਪ੍ਰਭੂ ਦਾ) ਦਰਸਨ ਕਰਦਾ ਹੈ।

32101	746	ਨਾਨਕ ਗੁਰ ਮਿਰੀਆ॥		Naanak Gur Mireeaa ||	Nanak has met the Guru;	ਹੇ ਨਾਨਕ! (ਜੇਹੜਾ ਭੀ ਮਨੁੱਖ) ਗੁਰੂ ਨੂੰ ਮਿਲਦਾ ਹੈ,
32102	746	ਬਹੁਰਿ ਨ ਫਿਰੀਆ॥੨॥੧॥੪੪॥		Bahur N Fireeaa ||2||1||44||	He shall not be reincarnated again. ||2||1||44||	ਉਹ ਮੁੜ ਜਨਮ-ਮਰਣ ਦੇ ਗੇੜ ਵਿਚ ਨਹੀਂ ਭਟਕਦਾ ॥੨॥੧॥੪੪॥
32103	746	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32104	746	ਰਾਸਿ ਮੰਡਲੁ ਕੀਨੋ ਆਖਾਰਾ॥		Raas Manddal Keeno Aakhaaraa ||	The Lord has made this world a stage;	ਹੇ ਭਾਈ! ਇਹ ਸਾਰਾ ਜਗਤ-ਖਿਲਾਰਾ ਪਰਮਾਤਮਾ ਨੇ ਆਪ ਬਣਾ ਰੱਖਿਆ ਹੈ।
32105	746	ਸਗਲੋ ਸਾਜਿ ਰਖਿਓ ਪਾਸਾਰਾ॥੧॥ਰਹਾਉ ॥		Sagalo Saaj Rakhiou Paasaaraa ||1|| Rehaao ||	He fashioned the expanse of the entire creation. ||1||Pause||	ਇਹ (ਮਾਨੋ) ਉਸ ਨੇ (ਰਾਸਾਂ ਪਾਣ ਲਈ) ਅਖਾੜਾ ਤਿਆਰ ਕੀਤਾ ਹੈ, ਰਾਸਾਂ ਵਾਸਤੇ ਮੰਡੂਆ ਬਣਾ ਦਿੱਤਾ ਹੈ ॥੧॥ ਰਹਾਉ ॥
32106	746	ਬਹੁ ਬਿਧਿ ਰੂਪ ਰੰਗ ਆਪਾਰਾ॥		Bahu Bidhh Roop Rang Aapaaraa ||	He fashioned it in various ways, with limitless colors and forms.	ਹੇ ਭਾਈ! (ਇਸ ਜਗਤ-ਅਖਾੜੇ ਵਿਚ) ਕਈ ਕਿਸਮਾਂ ਦੇ ਬੇਅੰਤ ਰੂਪ ਹਨ ਰੰਗ ਹਨ।
32107	746	ਪੇਖੈ ਖੁਸੀ ਭੋਗ ਨਹੀ ਹਾਰਾ॥	ਪ੍ਰਮੇਸ਼ਰ ਜੀ ਨਿਰਲੇਪ ਰਹਿ ਕੇ (ਪੇਖੈ)ਦੇਖਦੇ ਖੁਸ਼ ਹੁੰਦੇ ਹਨ, (ਭੋਗ)ਪਦਾਰਥ ਦਿੰਦਿਆਂ ਹਾਰਾ ਹਾਰਦੇ ਨਹੀਂ (੨. ਭੋਗਨ ਹੀ)	Paekhai Khusee Bhog Nehee Haaraa ||	He watches over it with joy, and He never tires of enjoying it.	(ਪਰਮਾਤਮਾ ਆਪ ਇਸ ਨੂੰ) ਖ਼ੁਸ਼ੀ ਨਾਲ ਵੇਖਦਾ ਹੈ, (ਪਦਾਰਥਾਂ ਦੇ) ਭੋਗ (ਭੋਗਦਾ ਹੈ, ਪਰ ਭੋਗਦਾ) ਥੱਕਦਾ ਨਹੀਂ।

32108	746	ਸਭਿ ਰਸ ਲੈਤ ਬਸਤ ਨਿਰਾਰਾ॥੧॥		Sabh Ras Laith Basath Niraaraa ||1||	He enjoys all the delights, and yet He remains unattached. ||1||	ਸਾਰੇ ਰਸ ਮਾਣਦਾ ਹੋਇਆ ਭੀ ਉਹ ਪ੍ਰਭੂ ਆਪ ਨਿਰਲੇਪ ਹੀ ਰਹਿੰਦਾ ਹੈ ॥੧॥
32109	746	ਬਰਨੁ ਚਿਹਨੁ ਨਾਹੀ ਮੁਖੁ ਨ ਮਾਸਾਰਾ॥	ਨਿਰਗੁਨ ਜੀ ਦੇ, ਨਾ ਹੀ (ਮੁਖੁ)ਮੂੰਹ ਅਤੇ ਨਾ ਹੀ (ਮਾਸਾਰਾ)ਦਾਹੜਾ	Baran Chihan Naahee Mukh N Maasaaraa ||	He has no color, no sign, no mouth and no beard.	ਹੇ ਪ੍ਰਭੂ! ਤੇਰਾ ਨਾਹ ਕੋਈ ਰੰਗ ਹੈ, ਨਾਹ ਕੋਈ ਨਿਸ਼ਾਨ ਹੈ, ਨਾਹ ਤੇਰਾ ਕੋਈ ਮੂੰਹ ਹੈ, ਨਾਹ ਕੋਈ ਦਾੜ੍ਹੀ ਹੈ।
32110	746	ਕਹਨੁ ਨ ਜਾਈ ਖੇਲੁ ਤੁਹਾਰਾ॥		Kehan N Jaaee Khael Thuhaaraa ||	I cannot describe Your play.	ਤੇਰਾ ਰਚਿਆ ਜਗਤ-ਖੇਲ ਬਿਆਨ ਨਹੀਂ ਕੀਤਾ ਜਾ ਸਕਦਾ।
32111	746	ਨਾਨਕ ਰੇਣ ਸੰਤ ਚਰਨਾਰਾ॥੨॥੨॥੪੫॥		Naanak Raen Santh Charanaaraa ||2||2||45||	Nanak is the dust of the feet of the Saints. ||2||2||45||	ਹੇ ਨਾਨਕ! (ਆਖ-ਹੇ ਪ੍ਰਭੂ! ਮੈਂ ਤੇਰੇ ਦਰ ਤੋਂ ਤੇਰੇ) ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ ॥੨॥੨॥੪੫॥
32112	746	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32113	746	ਤਉ ਮੈ ਆਇਆ ਸਰਨੀ ਆਇਆ॥		Tho Mai Aaeiaa Saranee Aaeiaa ||	I have come to You. I have come to Your Sanctuary.	ਹੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ,
32114	746	ਭਰੋਸੈ ਆਇਆ ਕਿਰਪਾ ਆਇਆ॥		Bharosai Aaeiaa Kirapaa Aaeiaa ||	I have come to place my faith in You. I have come seeking Mercy.	ਇਸ ਭਰੋਸੇ ਨਾਲ ਆਇਆ ਹਾਂ ਕਿ ਤੂੰ ਕਿਰਪਾ ਕਰੇਂਗਾ।

32115	746	ਜਿਉ ਭਾਵੈ ਤਿਉ ਰਾਖਹੁ ਸੁਆਮੀ ਮਾਰਗੁ ਗੁਰਹਿ ਪਠਾਇਆ॥੧॥ਰਹਾਉ॥		Jio Bhaavai Thio Raakhahu Suaamee Maarag Gurehi Pathaaeiaa ||1|| Rehaao ||	If it pleases You, save me, O my Lord and Master. The Guru has placed me upon the Path. ||1||Pause||	ਸੋ, ਹੇ ਮਾਲਕ ਪ੍ਰਭੂ! ਜਿਵੇਂ ਤੈਨੂੰ ਚੰਗੇ ਲੱਗੇ, ਮੇਰੀ ਰੱਖਿਆ ਕਰ। (ਮੈਨੂੰ ਤੇਰੇ ਦਰ ਤੇ) ਗੁਰੂ ਨੇ ਭੇਜਿਆ ਹੈ, (ਮੈਨੂੰ ਤੇਰੇ ਦਰ ਦਾ) ਰਸਤਾ ਗੁਰੂ ਨੇ (ਵਿਖਾਇਆ ਹੈ) ॥੧॥ ਰਹਾਉ ॥
32116	746	ਮਹਾ ਦੁਤਰੁ ਮਾਇਆ॥	ਦੁੱਤ-ਰੁ	Mehaa Dhuthar Maaeiaa ||	Maya is very treacherous and difficult to pass through.	ਹੇ ਪ੍ਰਭੂ! (ਤੇਰੀ ਰਚੀ) ਮਾਇਆ (ਇਕ ਵੱਡਾ ਸਮੁੰਦਰ ਹੈ ਜਿਸ ਤੋਂ) ਪਾਰ ਲੰਘਣਾ ਬਹੁਤ ਔਖਾ ਹੈ।
32117	746	ਜੈਸੇ ਪਵਨੁ ਝੁਲਾਇਆ॥੧॥		Jaisae Pavan Jhulaaeiaa ||1||	It is like a violent wind-storm. ||1||	ਜਿਵੇਂ (ਤੇਜ਼) ਹਵਾ ਧੱਕੇ ਮਾਰਦੀ ਹੈ, ਤਿਵੇਂ ਮਾਇਆ (ਦੀਆਂ ਲਹਿਰਾਂ ਧੱਕੇ ਮਾਰਦੀਆਂ ਹਨ) ॥੧॥
32118	746	ਸੁਨਿ ਸੁਨਿ ਹੀ ਡਰਾਇਆ॥		Sun Sun Hee Ddaraaeiaa ||	I am so afraid to hear	ਹੇ ਪ੍ਰਭੂ! ਮੈਂ ਤਾਂ ਇਹ ਸੁਣ ਸੁਣ ਕੇ ਹੀ ਡਰ ਰਿਹਾ ਹਾਂ,
32119	746	ਕਰਰੋ ਧ੍ਰਮਰਾਇਆ॥੨॥	(ਕਰਰੋ)ਕਰੜਾ	Kararo Dhhramaraaeiaa ||2||	That the Righteous Judge of Dharma is so strict and stern. ||2||	ਕਿ ਧਰਮਰਾਜ ਬੜਾ ਕਰੜਾ (ਹਾਕਮ) ਹੈ ॥੨॥
32120	746	ਗ੍ਰਿਹ ਅੰਧ ਕੂਪਾਇਆ॥	(ਕੂਪਾਇਆ)ਖੂਹ	Grih Andhh Koopaaeiaa ||	The world is a deep, dark pit;	ਹੇ ਪ੍ਰਭੂ! ਇਹ ਸੰਸਾਰ ਇਕ ਅੰਨ੍ਹਾ ਖੂਹ ਹੈ,
32121	746	ਪਾਵਕੁ ਸਗਰਾਇਆ॥੩॥	(ਸਗਰਾਇਆ)ਸਮੁੰਦ੍ਰ	Paavak Sagaraaeiaa ||3||	It is all on fire. ||3||	ਇਸ ਵਿਚ ਸਾਰੀ (ਤ੍ਰਿਸ਼ਨਾ ਦੀ) ਅੱਗ ਹੀ ਅੱਗ ਹੈ ॥੩॥

32122	746	ਗਹੀ ਓਟ ਸਾਧਾਇਆ॥		Gehee Outt Saadhhaaeiaa ||	I have grasped the Support of the Holy Saints.	(ਹੇ ਪ੍ਰਭੂ! ਜਦੋਂ ਤੋਂ) ਮੈਂ ਗੁਰੂ ਦਾ ਆਸਰਾ ਲਿਆ ਹੈ,
32123	746	ਨਾਨਕ ਹਰਿ ਧਿਆਇਆ॥		Naanak Har Dhhiaaeiaa ||	Nanak meditates on the Lord.	ਹੇ ਨਾਨਕ (ਆਖ-) ਮੈਂ ਪਰਮਾਤਮਾ ਦਾ ਨਾਮ ਸਿਮਰ ਰਿਹਾ ਹਾਂ,
32124	746	ਅਬ ਮੈ ਪੂਰਾ ਪਾਇਆ॥੪॥੩॥੪੬॥		Ab Mai Pooraa Paaeiaa ||4||3||46||	Now, I have found the Perfect Lord. ||4||3||46||	ਤੇ, ਮੈਨੂੰ ਪੂਰਨ ਪ੍ਰਭੂ ਲੱਭ ਪਿਆ ਹੈ ॥੪॥੩॥੪੬॥
32125	746	ਰਾਗੁ ਸੂਹੀ ਮਹਲਾ ੫ ਘਰੁ ੬		Raag Soohee Mehalaa 5 Ghar 6	Raag Soohee, Fifth Mehl, Sixth House:	ਰਾਗ ਸੂਹੀ, ਘਰ ੬ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
32126	746	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32127	746	ਸਤਿਗੁਰ ਪਾਸਿ ਬੇਨੰਤੀਆ ਮਿਲੈ ਨਾਮੁ ਆਧਾਰਾ॥		Sathigur Paas Baenantheeaa Milai Naam Aadhhaaraa ||	I offer this prayer to the True Guru, to bless me with the sustenance of the Naam.	ਹੇ ਭਾਈ! ਮੈਂ ਤਾਂ ਗੁਰੂ ਦੇ ਪਾਸ ਹੀ (ਸਦਾ) ਅਰਜ਼ੋਈ ਕਰਦਾ ਹਾਂ ਕਿ ਮੈਨੂੰ ਪਰਮਾਤਮਾ ਦਾ ਨਾਮ ਮਿਲ ਜਾਏ, (ਇਹ ਨਾਮ ਹੀ ਮੇਰੀ ਜ਼ਿੰਦਗੀ ਦਾ) ਸਹਾਰਾ (ਹੈ)।

32128	746	ਤੁਠਾ ਸਚਾ ਪਾਤਿਸਾਹੁ ਤਾਪੁ ਗਇਆ ਸੰਸਾਰਾ॥੧॥		Thuthaa Sachaa Paathisaahu Thaap Gaeiaa Sansaaraa ||1||	When the True King is pleased, the world is rid of its diseases. ||1||	ਹੇ ਭਾਈ! ਸਦਾ ਕਾਇਮ ਰਹਿਣ ਵਾਲਾ ਪ੍ਰਭੂ-ਪਾਤਿਸ਼ਾਹ ਜਿਸ ਮਨੁੱਖ ਉਤੇ ਦਇਆਵਾਨ ਹੁੰਦਾ ਹੈ (ਉਸ ਨੂੰ ਉਸ ਦਾ ਨਾਮ ਮਿਲਦਾ ਹੈ, ਤੇ) ਉਸ ਦਾ ਮਾਇਆ ਦੇ ਮੋਹ ਵਾਲਾ ਤਾਪ ਦੂਰ ਹੋ ਜਾਂਦਾ ਹੈ ॥੧॥
32129	746	ਭਗਤਾ ਕੀ ਟੇਕ ਤੂੰ ਸੰਤਾ ਕੀ ਓਟ ਤੂੰ ਸਚਾ ਸਿਰਜਨਹਾਰਾ॥੧॥ਰਹਾਉ॥		Bhagathaa Kee Ttaek Thoon Santhaa Kee Outt Thoon Sachaa Sirajanehaaraa ||1|| Rehaao ||	You are the Support of Your devotees, and the Shelter of the Saints, O True Creator Lord. ||1||Pause||	ਹੇ ਸਦਾ ਕਾਇਮ ਰਹਿਣ ਵਾਲੇ ਸਿਰਜਣਹਾਰ! ਤੂੰ (ਤੇਰਾ ਨਾਮ) ਤੇਰੇ ਭਗਤਾਂ ਦਾ ਸਹਾਰਾ ਹੈ, ਤੇਰਾ ਨਾਮ ਤੇਰੇ ਸੰਤਾਂ ਦਾ ਆਸਰਾ ਹੈ ॥੧॥ ਰਹਾਉ ॥
32130	746	ਸਚੁ ਤੇਰੀ ਸਾਮਗਰੀ ਸਚੁ ਤੇਰਾ ਦਰਬਾਰਾ॥	ਸਾ-ਮੱਗਰੀ	Sach Thaeree Saamagaree Sach Thaeraa Dharabaaraa ||	True are Your devices, and True is Your Court.	ਹੇ ਪ੍ਰਭੂ! ਤੇਰਾ ਦਰਬਾਰ ਸਦਾ ਕਾਇਮ ਰਹਿਣ ਵਾਲਾ ਹੈ, ਤੇਰੇ ਖ਼ਜ਼ਾਨੇ ਸਦਾ ਭਰਪੂਰ ਰਹਿਣ ਵਾਲੇ ਹਨ,
32131	746	ਸਚੁ ਤੇਰੇ ਖਾਜੀਨਿਆ ਸਚੁ ਤੇਰਾ ਪਾਸਾਰਾ॥੨॥		Sach Thaerae Khaajeeniaa Sach Thaeraa Paasaaraa ||2||	True are Your treasures, and True is Your expanse. ||2||	(ਤੇਰੇ ਖ਼ਜ਼ਾਨਿਆਂ ਵਿਚ) ਤੇਰੇ ਪਦਾਰਥ ਸਦਾ-ਥਿਰ ਰਹਿਣ ਵਾਲੇ ਹਨ, ਤੇਰਾ ਰਚਿਆ ਜਗਤ-ਖਿਲਾਰਾ ਅਟੱਲ ਨਿਯਮਾਂ ਵਾਲਾ ਹੈ ॥੨॥

32132	746	ਤੇਰਾ ਰੂਪੁ ਅਗੰਮੁ ਹੈ ਅਨੂਪੁ ਤੇਰਾ ਦਰਸਾਰਾ॥		Thaeraa Roop Aganm Hai Anoop Thaeraa Dharasaaraa ||	Your Form is inaccessible, and Your Vision is incomparably beautiful.	ਹੇ ਪ੍ਰਭੂ! ਤੇਰੀ ਹਸਤੀ ਐਸੀ ਹੈ ਜਿਸ ਤਕ (ਅਸਾਂ ਜੀਵਾਂ ਦੀ) ਪਹੁੰਚ ਨਹੀਂ ਹੋ ਸਕਦੀ, ਤੇਰਾ ਦਰਸਨ ਅਦੁੱਤੀ ਹੈ (ਤੇਰੇ ਵਰਗਾ ਹੋਰ ਕੋਈ ਨਹੀਂ)।
32133	746	ਹਉ ਕੁਰਬਾਣੀ ਤੇਰਿਆ ਸੇਵਕਾ ਜਿਨ੍ ਹਰਿ ਨਾਮੁ ਪਿਆਰਾ॥੩॥		Ho Kurabaanee Thaeriaa Saevakaa Jinh Har Naam Piaaraa ||3||	I am a sacrifice to Your servants; they love Your Name, O Lord. ||3||	ਹੇ ਪ੍ਰਭੂ! ਮੈਂ ਤੇਰੇ ਉਹਨਾਂ ਸੇਵਕਾਂ ਤੋਂ ਸਦਕੇ ਜਾਂਦਾ ਹਾਂ, ਜਿਨ੍ਹਾਂ ਨੂੰ ਤੇਰਾ ਨਾਮ ਪਿਆਰਾ ਲੱਗਦਾ ਹੈ ॥੩॥
32134	747	ਸਭੇ ਇਛਾ ਪੂਰੀਆ ਜਾ ਪਾਇਆ ਅਗਮ ਅਪਾਰਾ॥		Sabhae Eishhaa Pooreeaa Jaa Paaeiaa Agam Apaaraa ||	All desires are fulfilled, when the Inaccessible and Infinite Lord is obtained.	ਹੇ ਅਪਹੁੰਚ ਪ੍ਰਭੂ! ਹੇ ਬੇਅੰਤ ਪ੍ਰਭੂ! ਜਦੋਂ (ਕਿਸੇ ਵਡ-ਭਾਗੀ ਨੂੰ) ਤੂੰ ਮਿਲ ਪੈਂਦਾ ਹੈਂ, ਉਸ ਦੀਆਂ ਸਾਰੀਆਂ ਮਨੋ-ਕਾਮਨਾ ਪੂਰੀਆਂ ਹੋ ਜਾਂਦੀਆਂ ਹਨ (ਉਸ ਨੂੰ ਕੋਈ ਥੁੜ ਨਹੀਂ ਰਹਿ ਜਾਂਦੀ, ਉਸ ਦੀ ਤ੍ਰਿਸਨਾ ਮੁੱਕ ਜਾਂਦੀ ਹੈ)।
32135	747	ਗੁਰੁ ਨਾਨਕੁ ਮਿਲਿਆ ਪਾਰਬ੍ਰਹਮੁ ਤੇਰਿਆ ਚਰਣਾ ਕਉ ਬਲਿਹਾਰਾ॥੪॥੧॥੪੭॥		Gur Naanak Miliaa Paarabreham Thaeriaa Charanaa Ko Balihaaraa ||4||1||47||	Guru Nanak has met the Supreme Lord God; I am a sacrifice to Your Feet. ||4||1||47||	ਹੇ ਪ੍ਰਭੂ! ਮੈਂ ਤੇਰੇ ਚਰਨਾਂ ਤੋਂ ਸਦਕੇ ਜਾਂਦਾ ਹਾਂ। ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਨਾਨਕ ਮਿਲ ਪਿਆ, ਉਸ ਨੂੰ ਪਰਮਾਤਮਾ ਮਿਲ ਪਿਆ ॥੪॥੧॥੪੭॥

32136	747	ਰਾਗੁ ਸੂਹੀ ਮਹਲਾ ੫ ਘਰੁ ੭		Raag Soohee Mehalaa 5 Ghar 7	Raag Soohee, Fifth Mehl, Seventh House:	ਰਾਗ ਸੂਹੀ, ਘਰ ੭ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
32137	747	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32138	747	ਤੇਰਾ ਭਾਣਾ ਤੂਹੈ ਮਨਾਇਹਿ ਜਿਸ ਨੋ ਹੋਹਿ ਦਇਆਲਾ॥		Thaeraa Bhaanaa Thoohai Manaaeihi Jis No Hohi Dhaeiaalaa ||	He alone obeys Your Will, O Lord, unto whom You are Merciful.	ਹੇ ਪ੍ਰਭੂ! ਜਿਸ ਮਨੁੱਖ ਉੱਤੇ ਤੂੰ ਦਇਆਵਾਨ ਹੁੰਦਾ ਹੈਂ ਤੂੰ ਆਪ ਹੀ ਉਸ ਨੂੰ ਆਪਣੀ ਰਜ਼ਾ ਵਿਚ ਤੋਰਦਾ ਹੈਂ।
32139	747	ਸਾਈ ਭਗਤਿ ਜੋ ਤੁਧੁ ਭਾਵੈ ਤੂੰ ਸਰਬ ਜੀਆ ਪ੍ਰਤਿਪਾਲਾ ॥੧॥	ਸਾਂਈਂ	Saaee Bhagath Jo Thudhh Bhaavai Thoon Sarab Jeeaa Prathipaalaa ||1||	That alone is devotional worship, which is pleasing to Your Will. You are the Cherisher of all beings. ||1||	ਅਸਲ ਭਗਤੀ ਉਹੀ ਹੈ ਜੋ ਤੈਨੂੰ ਪਸੰਦ ਆ ਜਾਂਦੀ ਹੈ। ਹੇ ਪ੍ਰਭੂ! ਤੂੰ ਸਾਰੇ ਜੀਵਾਂ ਦੀ ਪਾਲਣਾ ਕਰਨ ਵਾਲਾ ਹੈਂ ॥੧॥
32140	747	ਮੇਰੇ ਰਾਮਰਾਇ ਸੰਤਾ ਟੇਕ ਤੁਮ੍ਹਾਰੀ॥		Maerae Raam Raae Santhaa Ttaek Thumhaaree ||	O my Sovereign Lord, You are the Support of the Saints.	ਹੇ ਮੇਰੇ ਪ੍ਰਭੂ ਪਾਤਿਸ਼ਾਹ! ਤੇਰੇ ਸੰਤਾਂ ਨੂੰ (ਸਦਾ) ਤੇਰਾ ਹੀ ਆਸਰਾ ਰਹਿੰਦਾ ਹੈ।

32141	747	ਜੋ ਤੁਧੁ ਭਾਵੈ ਸੋ ਪਰਵਾਣੁ ਮਨਿ ਤਨਿ ਤੂਹੈ ਅਧਾਰੀ॥੧॥ਰਹਾਉ ॥		Jo Thudhh Bhaavai So Paravaan Man Than Thoohai Adhhaaree ||1|| Rehaao ||	Whatever pleases You, they accept. You are the sustenance of their minds and bodies. ||1||Pause||	ਜੋ ਕੁਝ ਤੈਨੂੰ ਚੰਗਾ ਲੱਗਦਾ ਹੈ ਉਹੀ (ਤੇਰੇ ਸੰਤਾਂ ਨੂੰ) ਪਰਵਾਨ ਹੁੰਦਾ ਹੈ। ਉਹਨਾਂ ਦੇ ਮਨ ਵਿਚ, ਉਹਨਾਂ ਦੇ ਤਨ ਵਿਚ, ਤੂੰ ਹੀ ਆਸਰਾ ਹੈਂ ॥੧॥ ਰਹਾਉ ॥
32142	747	ਤੂੰ ਦਇਆਲੁ ਕ੍ਰਿਪਾਲੁ ਕ੍ਰਿਪਾਨਿਧਿ ਮਨਸਾ ਪੂਰਣਹਾਰਾ॥		Thoon Dhaeiaal Kirapaal Kirapaa Nidhh Manasaa Pooranehaaraa ||	You are kind and compassionate, the treasure of mercy, the fulfiller of our hopes.	(ਹੇ ਪ੍ਰਭੂ)! ਤੂੰ ਦਇਆ ਦਾ ਘਰ ਹੈਂ, ਤੂੰ ਕਿਰਪਾ ਦਾ ਖ਼ਜ਼ਾਨਾ ਹੈਂ, ਤੂੰ (ਆਪਣੇ ਭਗਤਾਂ ਦੀ) ਮਨੋ-ਕਾਮਨਾ ਪੂਰੀ ਕਰਨ ਵਾਲਾ ਹੈਂ।
32143	747	ਭਗਤ ਤੇਰੇ ਸਭਿ ਪ੍ਰਾਣਪਤਿ ਪ੍ਰੀਤਮ ਤੂੰ ਭਗਤਨ ਕਾ ਪਿਆਰਾ॥੨॥		Bhagath Thaerae Sabh Praanapath Preetham Thoon Bhagathan Kaa Piaaraa ||2||	You are the Beloved Lord of life of all Your devotees; You are the Beloved of Your devotees. ||2||	ਹੇ ਜਿੰਦ ਦੇ ਮਾਲਕ! ਹੇ ਪ੍ਰੀਤਮ ਪ੍ਰਭੂ! ਤੇਰੇ ਸਾਰੇ ਭਗਤ (ਤੈਨੂੰ ਪਿਆਰੇ ਲੱਗਦੇ ਹਨ), ਤੂੰ ਭਗਤਾਂ ਨੂੰ ਪਿਆਰਾ ਲੱਗਦਾ ਹੈਂ ॥੨॥
32144	747	ਤੂ ਅਥਾਹੁ ਅਪਾਰੁ ਅਤਿ ਊਚਾ ਕੋਈ ਅਵਰੁ ਨ ਤੇਰੀ ਭਾਤੇ॥	(ਭਾਤੇ)ਆਪ ਜੀ ਜੈਸਾ	Thoo Athhaahu Apaar Ath Oochaa Koee Avar N Thaeree Bhaathae ||	You are unfathomable, infinite, lofty and exalted. There is no one else like You.	ਹੇ ਪ੍ਰਭੂ! (ਤੇਰੇ ਦਿਲ ਦੀ) ਡੂੰਘਾਈ ਨਹੀਂ ਲੱਭ ਸਕਦੀ, ਤੇਰੀ ਹਸਤੀ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ, ਤੂੰ ਬਹੁਤ ਹੀ ਉੱਚਾ ਹੈਂ, ਕੋਈ ਹੋਰ ਤੇਰੇ ਵਰਗਾ ਨਹੀਂ ਹੈ।

32145	747	ਇਹ ਅਰਦਾਸਿ ਹਮਾਰੀ ਸੁਆਮੀ ਵਿਸਰੁ ਨਾਹੀ ਸੁਖਦਾਤੇ॥੩॥		Eih Aradhaas Hamaaree Suaamee Visar Naahee Sukhadhaathae ||3||	This is my prayer, O my Lord and Master; may I never forget You, O Peace-giving Lord. ||3||	ਹੇ ਮਾਲਕ! ਹੇ ਸੁਖਾਂ ਦੇ ਦੇਣ ਵਾਲੇ! ਅਸਾਂ ਜੀਵਾਂ ਦੀ (ਤੇਰੇ ਅੱਗੇ) ਇਹੀ ਅਰਜ਼ੋਈ ਹੈ, ਕਿ ਸਾਨੂੰ ਤੂੰ ਕਦੇ ਭੀ ਨਾਹ ਭੁੱਲ ॥੩॥
32146	747	ਦਿਨੁ ਰੈਣਿ ਸਾਸਿ ਸਾਸਿ ਗੁਣ ਗਾਵਾ ਜੇ ਸੁਆਮੀ ਤੁਧੁ ਭਾਵਾ॥		Dhin Rain Saas Saas Gun Gaavaa Jae Suaamee Thudhh Bhaavaa ||	Day and night, with each and every breath, I sing Your Glorious Praises, if it is pleasing to Your Will.	ਹੇ ਸੁਆਮੀ! ਜੇ ਮੈਂ ਤੈਨੂੰ ਚੰਗਾ ਲੱਗਾਂ (ਜੇ ਤੇਰੀ ਮੇਰੇ ਉਤੇ ਮੇਹਰ ਹੋਵੇ) ਮੈਂ ਦਿਨ ਰਾਤ ਹਰੇਕ ਸਾਹ ਦੇ ਨਾਲ ਤੇਰੇ ਗੁਣ ਗਾਂਦਾ ਰਹਾਂ।
32147	747	ਨਾਮੁ ਤੇਰਾ ਸੁਖੁ ਨਾਨਕੁ ਮਾਗੈ ਸਾਹਿਬ ਤੁਠੈ ਪਾਵਾ॥੪॥੧॥੪੮॥		Naam Thaeraa Sukh Naanak Maagai Saahib Thuthai Paavaa ||4||1||48||	Nanak begs for the peace of Your Name, O Lord and Master; as it is pleasing to Your Will, I shall attain it. ||4||1||48||	(ਤੇਰਾ ਦਾਸ) ਨਾਨਕ (ਤੈਥੋਂ) ਤੇਰਾ ਨਾਮ ਮੰਗਦਾ ਹੈ (ਇਹੀ ਨਾਨਕ ਵਾਸਤੇ) ਸੁਖ (ਹੈ)। ਹੇ ਮੇਰੇ ਸਾਹਿਬ! ਜੇ ਤੂੰ ਦਇਆਵਾਨ ਹੋਵੇਂ, ਤਾਂ ਮੈਨੂੰ ਇਹ ਦਾਤ ਮਿਲ ਜਾਏ ॥੪॥੧॥੪੮॥
32148	747	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32149	747	ਵਿਸਰਹਿ ਨਾਹੀ ਜਿਤੁ ਤੂ ਕਬਹੂ ਸੋ ਥਾਨੁ ਤੇਰਾ ਕੇਹਾ॥		Visarehi Naahee Jith Thoo Kabehoo So Thhaan Thaeraa Kaehaa ||	Where is that place, where You are never forgotten, Lord?	ਹੇ ਮੇਰੇ ਰਾਮ! ਤੇਰਾ ਉਹ (ਸਾਧ ਸੰਗਤਿ) ਥਾਂ ਬੜਾ ਹੀ ਅਸਚਰਜ ਹੈ, ਜਿਸ ਵਿਚ ਬੈਠਿਆਂ ਤੂੰ ਕਦੇ ਭੀ ਨਾਹ ਭੁੱਲੇਂ,

32150	747	ਆਠ ਪਹਰ ਜਿਤੁ ਤੁਧੁ ਧਿਆਈ ਨਿਰਮਲ ਹੋਵੈ ਦੇਹਾ॥੧॥		Aath Pehar Jith Thudhh Dhhiaaee Niramal Hovai Dhaehaa ||1||	Twenty-four hours a day, they meditate on You, and their bodies become spotless and pure. ||1||	ਜਿਸ ਵਿਚ ਬੈਠ ਕੇ ਮੈਂ ਤੈਨੂੰ ਅੱਠੇ ਪਹਰ ਯਾਦ ਕਰ ਸਕਾਂ, ਤੇ, ਮੇਰਾ ਸਰੀਰ ਪਵਿਤ੍ਰ ਹੋ ਜਾਏ ॥੧॥
32151	747	ਮੇਰੇ ਰਾਮ ਹਉ ਸੋ ਥਾਨੁ ਭਾਲਣ ਆਇਆ॥		Maerae Raam Ho So Thhaan Bhaalan Aaeiaa ||	O my Lord, I have come searching for that place.	ਹੇ ਮੇਰੇ ਰਾਮ! ਮੈਂ ਉਹ ਥਾਂ ਲੱਭਣ ਤੁਰ ਪਿਆ (ਜਿੱਥੇ ਮੈਂ ਤੇਰਾ ਦਰਸਨ ਕਰ ਸਕਾਂ)।
32152	747	ਖੋਜਤ ਖੋਜਤ ਭਇਆ ਸਾਧਸੰਗੁ ਤਿਨ੍ਹ ਸਰਣਾਈ ਪਾਇਆ॥੧॥ਰਹਾਉ ॥		Khojath Khojath Bhaeiaa Saadhhasang Thinh Saranaaee Paaeiaa ||1|| Rehaao ||	After seeking and searching, I found Sanctuary in the Saadh Sangat, the Company of the Holy. ||1||Pause||	ਲੱਭਦਿਆਂ ਲੱਭਦਿਆਂ ਮੈਨੂੰ ਗੁਰਮੁਖਾਂ ਦਾ ਸਾਥ ਮਿਲ ਗਿਆ, ਉਹਨਾਂ (ਗੁਰਮੁਖਾਂ) ਦੀ ਸਰਨ ਪੈ ਕੇ ਮੈਂ (ਤੈਨੂੰ ਭੀ) ਲੱਭ ਲਿਆ ॥੧॥ ਰਹਾਉ ॥
32153	747	ਬੇਦ ਪੜੇ ਪੜਿ ਬ੍ਰਹਮੇ ਹਾਰੇ ਇਕੁ ਤਿਲੁ ਨਹੀ ਕੀਮਤਿ ਪਾਈ॥	ਪੜ੍ਹੇ।ਪੜ੍ਹਿ	Baedh Parrae Parr Brehamae Haarae Eik Thil Nehee Keemath Paaee ||	Reading and reciting the Vedas, Brahma grew weary, but he did not find even a tiny bit of God's worth.	ਹੇ ਮੇਰੇ ਰਾਮ! ਬ੍ਰਹਮਾ ਵਰਗੇ ਅਨੇਕਾਂ ਵੇਦ (ਆਦਿਕ ਧਰਮ-ਪੁਸਤਕਾਂ) ਪੜ੍ਹ ਪੜ੍ਹ ਕੇ ਥੱਕ ਗਏ, ਪਰ ਉਹ ਤੇਰੀ ਰਤਾ ਭੀ ਕਦਰ ਨਾਹ ਸਮਝ ਸਕੇ।

32154	747	ਸਾਧਿਕ ਸਿਧ ਫਿਰਹਿ ਬਿਲਲਾਤੇ ਤੇ ਭੀ ਮੋਹੇ ਮਾਈ॥੨॥		Saadhhik Sidhh Firehi Bilalaathae Thae Bhee Mohae Maaee ||2||	The seekers and Siddhas wander around bewailing; they too are enticed by Maya. ||2||	ਸਾਧਨਾਂ ਕਰਨ ਵਾਲੇ ਜੋਗੀ, ਕਰਾਮਾਤੀ ਜੋਗੀ (ਤੇਰੇ ਦਰਸਨ ਨੂੰ) ਵਿਲਕਦੇ ਫਿਰਦੇ ਹਨ, ਪਰ ਉਹ ਭੀ ਮਾਇਆ ਦੇ ਮੋਹ ਵਿਚ ਹੀ ਫਸੇ ਰਹੇ ॥੨॥
32155	747	ਦਸ ਅਉਤਾਰ ਰਾਜੇ ਹੋਇ ਵਰਤੇ ਮਹਾਦੇਵ ਅਉਧੂਤਾ॥		Dhas Aouthaar Raajae Hoe Varathae Mehaadhaev Aoudhhoothaa ||	There were ten regal incarnations of Vishnu; and then there was Shiva, the renunciate.	ਹੇ ਮੇਰੇ ਰਾਮ! (ਵਿਸ਼ਨੂ ਦੇ) ਦਸ ਅਵਤਾਰ (ਆਪੋ ਆਪਣੇ ਜੁਗ ਵਿਚ) ਸਤਕਾਰ ਪ੍ਰਾਪਤ ਕਰਦੇ ਰਹੇ। ਸ਼ਿਵ ਜੀ ਬੜਾ ਤਿਆਗੀ ਪ੍ਰਸਿੱਧ ਹੋਇਆ।
32156	747	ਤਿਨ੍ ਭੀ ਅੰਤੁ ਨ ਪਾਇਓ ਤੇਰਾ ਲਾਇ ਥਕੇ ਬਿਭੂਤਾ॥੩॥		Thinh Bhee Anth N Paaeiou Thaeraa Laae Thhakae Bibhoothaa ||3||	He did not find Your limits either, although he grew weary of smearing his body with ashes. ||3||	ਪਰ ਉਹ ਭੀ ਤੇਰੇ ਗੁਣਾਂ ਦਾ ਅੰਤ ਨਾਹ ਪਾ ਸਕੇ। (ਸ਼ਿਵ ਆਦਿਕ ਅਨੇਕਾਂ ਆਪਣੇ ਸਰੀਰ ਉਤੇ) ਸੁਆਹ ਮਲ ਮਲ ਕੇ ਥੱਕ ਗਏ ॥੩॥
32157	747	ਸਹਜ ਸੂਖ ਆਨੰਦ ਨਾਮ ਰਸ ਹਰਿ ਸੰਤੀ ਮੰਗਲੁ ਗਾਇਆ॥	ਸੰਤੀਂ	Sehaj Sookh Aanandh Naam Ras Har Santhee Mangal Gaaeiaa ||	Peace, poise and bliss are found in the subtle essence of the Naam. The Lord's Saints sing the songs of joy.	ਜਿਨ੍ਹਾਂ ਸੰਤ ਜਨਾਂ ਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਸਦਾ ਗਾਂਵਿਆ, ਉਹਨਾਂ ਨੇ ਆਤਮਕ ਅਡੋਲਤਾ ਦੇ ਸੁਖ ਆਨੰਦ ਮਾਣੇ, ਉਹਨਾਂ ਨਾਮ ਦਾ ਰਸ ਚੱਖਿਆ।

32158	747	ਸਫਲ ਦਰਸਨੁ ਭੇਟਿਓ ਗੁਰ ਨਾਨਕ ਤਾ ਮਨਿ ਤਨਿ ਹਰਿ ਹਰਿ ਧਿਆਇਆ॥੪॥੨॥੪੯॥		Safal Dharasan Bhaettiou Gur Naanak Thaa Man Than Har Har Dhhiaaeiaa ||4||2||49||	I have obtained the Fruitful Vision of Guru Nanak's Darshan, and with my mind and body I meditate on the Lord, Har, Har. ||4||2||49||	ਹੇ ਨਾਨਕ! (ਆਖ-) ਜਦੋਂ ਉਹਨਾਂ ਨੂੰ ਉਹ ਗੁਰੂ ਮਿਲ ਪਿਆ, ਜਿਸ ਦਾ ਦਰਸਨ ਹੀ ਜੀਵਨ-ਮਨੋਰਥ ਪੂਰਾ ਕਰ ਦੇਂਦਾ ਹੈ, ਤਦੋਂ ਉਹਨਾਂ ਆਪਣੇ ਮਨ ਵਿਚ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਧਿਆਨ ਸ਼ੁਰੂ ਕਰ ਦਿੱਤਾ ॥੪॥੨॥੪੯॥
32159	747	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32160	747	ਕਰਮ ਧਰਮ ਪਾਖੰਡ ਜੋ ਦੀਸਹਿ ਤਿਨ ਜਮੁ ਜਾਗਾਤੀ ਲੂਟੈ॥		Karam Dhharam Paakhandd Jo Dheesehi Thin Jam Jaagaathee Loottai ||	The religious rites, rituals and hypocrisies which are seen, are plundered by the Messenger of Death, the ultimate tax collector.	ਹੇ ਭਾਈ! (ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ) ਧਾਰਮਿਕ ਕੰਮ ਵਿਖਾਵੇ ਦੇ ਕੰਮ ਹਨ, ਇਹ ਕੰਮ ਜਿਤਨੇ ਭੀ ਲੋਕ ਕਰਦੇ ਦਿੱਸਦੇ ਹਨ, ਉਹਨਾਂ ਨੂੰ ਮਸੂਲੀਆ ਜਮ ਲੁੱਟ ਲੈਂਦਾ ਹੈ।
32161	747	ਨਿਰਬਾਣ ਕੀਰਤਨੁ ਗਾਵਹੁ ਕਰਤੇ ਕਾ ਨਿਮਖ ਸਿਮਰਤ ਜਿਤੁ ਛੂਟੈ॥੧॥		Nirabaan Keerathan Gaavahu Karathae Kaa Nimakh Simarath Jith Shhoottai ||1||	In the state of Nirvaanaa, sing the Kirtan of the Creator's Praises; contemplating Him in meditation, even for an instant, one is saved. ||1||	(ਇਸ ਵਾਸਤੇ) ਵਾਸਨਾ-ਰਹਿਤ ਹੋ ਕੇ ਕਰਤਾਰ ਦੀ ਸਿਫ਼ਤਿ-ਸਾਲਾਹ ਕਰਿਆ ਕਰੋ, ਕਿਉਂਕਿ ਇਸ ਦੀ ਬਰਕਤਿ ਨਾਲ ਛਿਨ-ਭਰ ਨਾਮ ਸਿਮਰਿਆਂ ਹੀ ਮਨੁੱਖ ਵਿਕਾਰਾਂ ਤੋਂ ਖ਼ਲਾਸੀ ਪਾ ਲੈਂਦਾ ਹੈ ॥੧॥

32162	747	ਸੰਤਹੁ ਸਾਗਰੁ ਪਾਰਿ ਉਤਰੀਐ॥	ਉ-ਤਰੀਐ	Santhahu Saagar Paar Outhareeai ||	O Saints, cross over the world-ocean.	ਹੇ ਸੰਤ ਜਨੋ! (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ।
32163	747	ਜੇ ਕੋ ਬਚਨੁ ਕਮਾਵੈ ਸੰਤਨ ਕਾ ਸੋ ਗੁਰ ਪਰਸਾਦੀ ਤਰੀਐ॥੧॥ਰਹਾਉ॥		Jae Ko Bachan Kamaavai Santhan Kaa So Gur Parasaadhee Thareeai ||1|| Rehaao ||	One who practices the Teachings of the Saints, by Guru's Grace, is carried across. ||1||Pause||	ਜੇ ਕੋਈ ਮਨੁੱਖ ਸੰਤ ਜਨਾਂ ਦੇ ਉਪਦੇਸ਼ ਨੂੰ (ਜੀਵਨ ਵਿਚ) ਕਮਾ ਲਏ, ਉਹ ਮਨੁੱਖ ਗੁਰੂ ਦੀ ਕਿਰਪਾ ਨਾਲ ਪਾਰ ਲੰਘ ਜਾਂਦਾ ਹੈ ॥੧॥ ਰਹਾਉ ॥
32164	747	ਕੋਟਿ ਤੀਰਥ ਮਜਨ ਇਸਨਾਨਾ ਇਸੁ ਕਲਿ ਮਹਿ ਮੈਲੁ ਭਰੀਜੈ॥		Kott Theerathh Majan Eisanaanaa Eis Kal Mehi Mail Bhareejai ||	Millions of cleansing baths at sacred shrines of pilgrimage only fill the mortal with filth in this Dark Age of Kali Yuga.	ਹੇ ਭਾਈ! ਕ੍ਰੋੜਾਂ ਤੀਰਥਾਂ ਦੇ ਇਸ਼ਨਾਨ (ਕਰਦਿਆਂ ਤਾਂ) ਜਗਤ ਵਿਚ (ਵਿਕਾਰਾਂ ਦੀ) ਮੈਲ ਨਾਲ ਲਿਬੜ ਜਾਈਦਾ ਹੈ।
32165	747	ਸਾਧਸੰਗਿ ਜੋ ਹਰਿ ਗੁਣ ਗਾਵੈ ਸੋ ਨਿਰਮਲੁ ਕਰਿ ਲੀਜੈ॥੨॥		Saadhhasang Jo Har Gun Gaavai So Niramal Kar Leejai ||2||	One who sings the Glorious Praises of the Lord in the Saadh Sangat, the Company of the Holy, becomes spotlessly pure. ||2||	ਪਰ ਜੇਹੜਾ ਮਨੁੱਖ ਗੁਰੂ ਦੀ ਸੰਗਤਿ ਵਿਚ (ਟਿਕ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਉਹ ਪਵਿਤ੍ਰ ਜੀਵਨ ਵਾਲਾ ਬਣ ਜਾਂਦਾ ਹੈ ॥੨॥

32166	747	ਬੇਦ ਕਤੇਬ ਸਿਮ੍ਰਿਤਿ ਸਭਿ ਸਾਸਤ ਇਨ੍ਹ ਪੜਿਆ ਮੁਕਤਿ ਨ ਹੋਈ॥	ਸਿਮ-ਰ੍ਿਤਿਪੜ੍ਿਆਂ	Baedh Kathaeb Simrith Sabh Saasath Einh Parriaa Mukath N Hoee ||	One may read all the books of the Vedas, the Bible, the Simritees and the Shaastras, but they will not bring liberation.	ਹੇ ਭਾਈ! ਵੇਦ ਪੁਰਾਣ ਸਿੰਮ੍ਰਤੀਆਂ ਇਹ ਸਾਰੇ (ਹਿੰਦੂ ਧਰਮ ਦੇ ਪੁਸਤਕ) (ਕੁਰਾਨ ਅੰਜੀਲ ਆਦਿਕ) ਇਹ ਸਾਰੇ (ਸ਼ਾਮੀ ਮਤਾਂ ਦੇ ਪੁਸਤਕ) ਨਿਰੇ ਪੜ੍ਹਨ ਨਾਲ ਵਿਕਾਰਾਂ ਤੋਂ ਖ਼ਲਾਸੀ ਨਹੀਂ ਮਿਲਦੀ।
32167	747	ਏਕੁ ਅਖਰੁ ਜੋ ਗੁਰਮੁਖਿ ਜਾਪੈ ਤਿਸ ਕੀ ਨਿਰਮਲ ਸੋਈ॥੩॥	(ਅੱਖਰੁ)ਪ੍ਰਮੇਸ਼ਰ	Eaek Akhar Jo Guramukh Jaapai This Kee Niramal Soee ||3||	One who, as Gurmukh, chants the One Word, acquires a spotlessly pure reputation. ||3||	ਪਰ ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਇਕ ਅਬਿਨਾਸੀ ਪ੍ਰਭੂ ਦਾ ਨਾਮ ਜਪਦਾ ਹੈ, ਉਸ ਦੀ (ਲੋਕ ਪਰਲੋਕ ਵਿਚ) ਪਵਿਤ੍ਰ ਸੋਭਾ ਬਣ ਜਾਂਦੀ ਹੈ ॥੩॥
32168	747	ਖਤ੍ਰੀ ਬ੍ਰਾਹਮਣ ਸੂਦ ਵੈਸ ਉਪਦੇਸੁ ਚਹੁ ਵਰਨਾ ਕਉ ਸਾਝਾ॥	ਸਾਂਝਾ	Khathree Braahaman Soodh Vais Oupadhaes Chahu Varanaa Ko Saajhaa ||	The four castes - the Kh'shaatriyas, Brahmins, Soodras and Vaishyas - are equal in respect to the teachings.	ਹੇ ਭਾਈ! (ਪਰਮਾਤਮਾ ਦਾ ਨਾਮ ਸਿਮਰਨ ਦਾ) ਉਪਦੇਸ਼ ਖੱਤ੍ਰੀ ਬ੍ਰਾਹਮਣ ਵੈਸ਼ ਸ਼ੂਦਰ ਚੌਹਾਂ ਵਰਨਾਂ ਦੇ ਲੋਕਾਂ ਵਾਸਤੇ ਇਕੋ ਜਿਹਾ ਹੈ।

32169	748	ਗੁਰਮੁਖਿ ਨਾਮੁ ਜਪੈ ਉਧਰੈ ਸੋ ਕਲਿ ਮਹਿ ਘਟਿ ਘਟਿ ਨਾਨਕ ਮਾਝਾ॥੪॥੩॥੫੦॥	ਹੋਰਨਾਂ ਨੂੰ (ਉ-ਧਰੈ)ਉਧਾਰਦੇ ਹਨ। (ਮਾਝਾ)ਵਿੱਚ	Guramukh Naam Japai Oudhharai So Kal Mehi Ghatt Ghatt Naanak Maajhaa ||4||3||50||	One who, as Gurmukh, chants the Naam, the Name of the Lord, is saved. In this Dark Age of Kali Yuga, O Nanak, God is permeating the hearts of each and every being. ||4||3||50||	(ਕਿਸੇ ਭੀ ਵਰਨ ਦਾ ਹੋਵੇ) ਜੇਹੜਾ ਮਨੁੱਖ ਗੁਰੂ ਦੇ ਦੱਸੇ ਰਸਤੇ ਉਤੇ ਤੁਰ ਕੇ ਪ੍ਰਭੂ ਦਾ ਨਾਮ ਜਪਦਾ ਹੈ ਉਹ ਜਗਤ ਵਿਚ ਵਿਕਾਰਾਂ ਤੋਂ ਬਚ ਨਿਕਲਦਾ ਹੈ। ਹੇ ਨਾਨਕ! ਉਸ ਮਨੁੱਖ ਨੂੰ ਪਰਮਾਤਮਾ ਹਰੇਕ ਸਰੀਰ ਵਿਚ ਵੱਸਦਾ ਦਿੱਸਦਾ ਹੈ ॥੪॥੩॥੫੦॥
32170	748	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32171	748	ਜੋ ਕਿਛੁ ਕਰੈ ਸੋਈ ਪ੍ਰਭ ਮਾਨਹਿ ਓਇ ਰਾਮ ਨਾਮ ਰੰਗਿ ਰਾਤੇ॥		Jo Kishh Karai Soee Prabh Maanehi Oue Raam Naam Rang Raathae ||	Whatever God causes to happen is accepted, by those who are attuned to the Love of the Lord's Name.	ਹੇ ਭਾਈ! ਉਹ ਸੰਤ ਜਨ ਪਰਮਾਤਮਾ ਦੇ ਨਾਮ ਦੇ ਰੰਗ ਵਿਚ ਰੰਗੇ ਰਹਿੰਦੇ ਹਨ। ਜੋ ਕੁਝ ਪਰਮਾਤਮਾ ਕਰਦਾ ਹੈ, ਉਸ ਨੂੰ ਉਹ ਪਰਮਾਤਮਾ ਦਾ ਕੀਤਾ ਹੀ ਮੰਨਦੇ ਹਨ।
32172	748	ਤਿਨ੍ ਕੀ ਸੋਭਾ ਸਭਨੀ ਥਾਈ ਜਿਨ੍ ਪ੍ਰਭ ਕੇ ਚਰਣ ਪਰਾਤੇ॥੧॥	ਥਾਂਈਂ	Thinh Kee Sobhaa Sabhanee Thhaaee Jinh Prabh Kae Charan Paraathae ||1||	Those who fall at the Feet of God are respected everywhere. ||1||	ਹੇ ਭਾਈ! ਜਿਨ੍ਹਾਂ ਪਰਮਾਤਮਾ ਦੇ ਚਰਨਾਂ ਨਾਲ ਸਾਂਝ ਪਾ ਲਈ, ਉਹਨਾਂ ਦੀ ਵਡਿਆਈ ਸਭ ਥਾਵਾਂ ਵਿਚ (ਖਿੱਲਰ ਜਾਂਦੀ ਹੈ) ॥੧॥
32173	748	ਮੇਰੇ ਰਾਮ ਹਰਿ ਸੰਤਾ ਜੇਵਡੁ ਨ ਕੋਈ॥		Maerae Raam Har Santhaa Jaevadd N Koee ||	O my Lord, no one is as great as the Lord's Saints.	ਹੇ ਮੇਰੇ ਪ੍ਰਭੂ! ਤੇਰੇ ਸੰਤਾਂ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ।

32174	748	ਭਗਤਾ ਬਣਿ ਆਈ ਪ੍ਰਭ ਅਪਨੇ ਸਿਉ ਜਲਿ ਥਲਿ ਮਹੀਅਲਿ ਸੋਈ॥੧॥ਰਹਾਉ॥		Bhagathaa Ban Aaee Prabh Apanae Sio Jal Thhal Meheeal Soee ||1|| Rehaao ||	The devotees are in harmony with their God; He is in the water, the land, and the sky. ||1||Pause||	ਹੇ ਭਾਈ! ਸੰਤ ਜਨਾਂ ਦੀ ਪਰਮਾਤਮਾ ਨਾਲ ਡੂੰਘੀ ਪ੍ਰੀਤ ਬਣੀ ਰਹਿੰਦੀ ਹੈ, ਉਹਨਾਂ ਨੂੰ ਪਰਮਾਤਮਾ ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ ਹਰ ਥਾਂ ਵੱਸਦਾ ਦਿੱਸਦਾ ਹੈ ॥੧॥ ਰਹਾਉ ॥
32175	748	ਕੋਟਿ ਅਪ੍ਰਾਧੀ ਸੰਤਸੰਗਿ ਉਧਰੈ ਜਮੁ ਤਾ ਕੈ ਨੇੜਿ ਨ ਆਵੈ॥		Kott Apraadhhee Santhasang Oudhharai Jam Thaa Kai Naerr N Aavai ||	Millions of sinners have been saved in the Saadh Sangat, the Company of the Holy; the Messenger of Death does not even approach them.	ਹੇ ਭਾਈ! ਕ੍ਰੋੜਾਂ ਅਪਰਾਧ ਕਰਨ ਵਾਲਾ ਮਨੁੱਖ ਭੀ ਸੰਤ ਦੀ ਸੰਗਤਿ ਵਿਚ (ਟਿਕ ਕੇ) ਵਿਕਾਰਾਂ ਤੋਂ ਬਚ ਜਾਂਦਾ ਹੈ, (ਫਿਰ) ਜਮ ਉਸ ਦੇ ਨੇੜੇ ਨਹੀਂ ਆਉਂਦਾ।
32176	748	ਜਨਮ ਜਨਮ ਕਾ ਬਿਛੁੜਿਆ ਹੋਵੈ ਤਿਨ੍ ਹਰਿ ਸਿਉ ਆਣਿ ਮਿਲਾਵੈ॥੨॥		Janam Janam Kaa Bishhurriaa Hovai Thinh Har Sio Aan Milaavai ||2||	Those who have been separated from the Lord, for countless incarnations, are reunited with the Lord again. ||2||	ਜੇ ਕੋਈ ਮਨੁੱਖ ਅਨੇਕਾਂ ਜਨਮਾਂ ਤੋਂ ਪਰਮਾਤਮਾ ਨਾਲੋਂ ਵਿਛੁੜਿਆ ਹੋਵੇ-ਸੰਤ ਅਜੇਹੇ ਅਨੇਕਾਂ ਮਨੁੱਖਾਂ ਨੂੰ ਲਿਆ ਕੇ ਪਰਮਾਤਮਾ ਨਾਲ ਮਿਲਾ ਦੇਂਦਾ ਹੈ ॥੨॥
32177	748	ਮਾਇਆ ਮੋਹ ਭਰਮੁ ਭਉ ਕਾਟੈ ਸੰਤ ਸਰਣਿ ਜੋ ਆਵੈ॥		Maaeiaa Moh Bharam Bho Kaattai Santh Saran Jo Aavai ||	Attachment to Maya, doubt and fear are eradicated, when one enters the Sanctuary of the Saints.	ਹੇ ਭਾਈ! ਜੇਹੜਾ ਭੀ ਮਨੁੱਖ ਸੰਤ ਦੀ ਸਰਨ ਆ ਪੈਂਦਾ ਹੈ, ਸੰਤ ਉਸ ਦੇ ਅੰਦਰੋਂ ਮਾਇਆ ਦਾ ਮੋਹ, ਭਟਕਣਾ, ਡਰ ਦੂਰ ਕਰ ਦੇਂਦਾ ਹੈ।

32178	748	ਜੇਹਾ ਮਨੋਰਥੁ ਕਰਿ ਆਰਾਧੇ ਸੋ ਸੰਤਨ ਤੇ ਪਾਵੈ॥੩॥		Jaehaa Manorathh Kar Aaraadhhae So Santhan Thae Paavai ||3||	Whatever wishes one harbors, are obtained from the Saints. ||3||	ਮਨੁੱਖ ਜਿਹੋ ਜਿਹੀ ਵਾਸਨਾ ਧਾਰ ਕੇ ਪ੍ਰਭੂ ਦਾ ਸਿਮਰਨ ਕਰਦਾ ਹੈ ਉਹ ਉਹੀ ਫ਼ਲ ਸੰਤ ਜਨਾਂ ਤੋਂ ਪ੍ਰਾਪਤ ਕਰ ਲੈਂਦਾ ਹੈ ॥੩॥
32179	748	ਜਨ ਕੀ ਮਹਿਮਾ ਕੇਤਕ ਬਰਨਉ ਜੋ ਪ੍ਰਭ ਅਪਨੇ ਭਾਣੇ॥		Jan Kee Mehimaa Kaethak Barano Jo Prabh Apanae Bhaanae ||	How can I describe the glory of the Lord's humble servants? They are pleasing to their God.	ਹੇ ਭਾਈ! ਜੇਹੜੇ ਸੇਵਕ ਆਪਣੇ ਪ੍ਰਭੂ ਨੂੰ ਪਿਆਰੇ ਲੱਗ ਚੁਕੇ ਹਨ, ਮੈਂ ਉਹਨਾਂ ਦੀ ਕਿਤਨੀ ਕੁ ਵਡਿਆਈ ਬਿਆਨ ਕਰਾਂ?
32180	748	ਕਹੁ ਨਾਨਕ ਜਿਨ ਸਤਿਗੁਰੁ ਭੇਟਿਆ ਸੇ ਸਭ ਤੇ ਭਏ ਨਿਕਾਣੇ ॥੪॥੪॥੫੧॥		Kahu Naanak Jin Sathigur Bhaettiaa Sae Sabh Thae Bheae Nikaanae ||4||4||51||	Says Nanak, those who meet the True Guru, become independent of all obligations. ||4||4||51||	ਨਾਨਕ ਆਖਦਾ ਹੈ- ਜਿਨ੍ਹਾਂ ਮਨੁੱਖਾਂ ਨੂੰ ਗੁਰੂ ਮਿਲ ਪਿਆ, ਉਹ ਸਾਰੀ ਲੁਕਾਈ ਤੋਂ ਬੇ-ਮੁਥਾਜ ਹੋ ਗਏ ॥੪॥੪॥੫੧॥
32181	748	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32182	748	ਮਹਾ ਅਗਨਿ ਤੇ ਤੁਧੁ ਹਾਥ ਦੇ ਰਾਖੇ ਪਏ ਤੇਰੀ ਸਰਣਾਈ॥		Mehaa Agan Thae Thudhh Haathh Dhae Raakhae Peae Thaeree Saranaaee ||	Giving me Your Hand, You saved me from the terrible fire, when I sought Your Sanctuary.	ਹੇ ਪ੍ਰਭੂ! ਜੇਹੜੇ ਮਨੁੱਖ ਤੇਰੀ ਸਰਨ ਆ ਪਏ, ਤੂੰ ਉਹਨਾਂ ਨੂੰ ਆਪਣੇ ਹੱਥ ਦੇ ਕੇ (ਤ੍ਰਿਸ਼ਨਾ ਦੀ) ਵੱਡੀ ਅੱਗ ਤੋਂ ਬਚਾ ਲਿਆ।

32183	748	ਤੇਰਾ ਮਾਣੁ ਤਾਣੁ ਰਿਦ ਅੰਤਰਿ ਹੋਰ ਦੂਜੀ ਆਸ ਚੁਕਾਈ॥੧॥		Thaeraa Maan Thaan Ridh Anthar Hor Dhoojee Aas Chukaaee ||1||	Deep within my heart, I respect Your strength; I have abandoned all other hopes. ||1||	ਉਹਨਾਂ ਨੇ ਕਿਸੇ ਹੋਰ ਦੀ ਮਦਦ ਦੀ ਆਸ ਆਪਣੇ ਦਿਲੋਂ ਮੁਕਾ ਦਿੱਤੀ, ਉਹਨਾਂ ਦੇ ਹਿਰਦੇ ਵਿਚ ਤੇਰਾ ਹੀ ਮਾਣ ਤੇਰਾ ਹੀ ਸਹਾਰਾ ਬਣਿਆ ਰਹਿੰਦਾ ਹੈ ॥੧॥
32184	748	ਮੇਰੇ ਰਾਮਰਾਇ ਤੁਧੁ ਚਿਤਿ ਆਇਐ ਉਬਰੇ॥		Maerae Raam Raae Thudhh Chith Aaeiai Oubarae ||	O my Sovereign Lord, when You enter my consciousness, I am saved.	ਹੇ ਮੇਰੇ ਪ੍ਰਭੂ-ਪਾਤਿਸ਼ਾਹ! ਜੇ ਤੂੰ (ਜੀਵਾਂ ਦੇ) ਚਿੱਤ ਵਿਚ ਆ ਵੱਸੇਂ, ਤਾਂ ਉਹ (ਸੰਸਾਰ-ਸਮੁੰਦਰ ਵਿਚ) ਡੁੱਬਣੋਂ ਬਚ ਜਾਂਦੇ ਹਨ।
32185	748	ਤੇਰੀ ਟੇਕ ਭਰਵਾਸਾ ਤੁਮ੍ਰਾ ਜਪਿ ਨਾਮੁ ਤੁਮ੍ਹਾਰਾ ਉਧਰੇ॥੧॥ਰਹਾਉ॥		Thaeree Ttaek Bharavaasaa Thumharaa Jap Naam Thumhaaraa Oudhharae ||1|| Rehaao ||	You are my support. I count on You. Meditating on You, I am saved. ||1||Pause||	ਉਹ ਮਨੁੱਖ ਤੇਰਾ ਨਾਮ ਜਪ ਕੇ ਵਿਕਾਰਾਂ ਤੋਂ ਖ਼ਲਾਸੀ ਪਾ ਲੈਂਦੇ ਹਨ, ਉਹਨਾਂ ਨੂੰ (ਹਰ ਗੱਲੇ) ਤੇਰਾ ਹੀ ਆਸਰਾ ਤੇਰੀ ਸਹਾਇਤਾ ਦਾ ਭਰੋਸਾ ਬਣਿਆ ਰਹਿੰਦਾ ਹੈ ॥੧॥ ਰਹਾਉ ॥
32186	748	ਅੰਧ ਕੂਪ ਤੇ ਕਾਢਿ ਲੀਏ ਤੁਮ੍ ਆਪਿ ਭਏ ਕਿਰਪਾਲਾ॥		Andhh Koop Thae Kaadt Leeeae Thumh Aap Bheae Kirapaalaa ||	You pulled me up out of the deep, dark pit. You have become merciful to me.	ਹੇ ਪ੍ਰਭੂ! ਜਿਨ੍ਹਾਂ ਮਨੁੱਖਾਂ ਉਤੇ ਤੂੰ ਆਪ ਦਇਆਵਾਨ ਹੋ ਗਿਆ, ਤੂੰ ਉਹਨਾਂ ਨੂੰ (ਮਾਇਆ ਦੇ ਮੋਹ ਦੇ) ਹਨੇਰੇ ਖੂਹ ਵਿਚੋਂ ਕੱਢ ਲਿਆ।

32187	748	ਸਾਰਿ ਸਮ੍ਹਾਲਿ ਸਰਬ ਸੁਖ ਦੀਏ ਆਪਿ ਕਰੇ ਪ੍ਰਤਿਪਾਲਾ॥੨॥		Saar Samhaal Sarab Sukh Dheeeae Aap Karae Prathipaalaa ||2||	You care for me, and bless me with total peace; You Yourself cherish me. ||2||	ਤੂੰ ਉਹਨਾਂ ਦੀ ਸਾਰ ਲੈ ਕੇ, ਉਹਨਾਂ ਦੀ ਸੰਭਾਲ ਕਰ ਕੇ ਉਹਨਾਂ ਨੂੰ ਸਾਰੇ ਸੁਖ ਬਖ਼ਸ਼ੇ। ਹੇ ਭਾਈ! ਪ੍ਰਭੂ ਆਪ ਉਹਨਾਂ ਦੀ ਪਾਲਣਾ ਕਰਦਾ ਹੈ ॥੨॥
32188	748	ਆਪਣੀ ਨਦਰਿ ਕਰੇ ਪਰਮੇਸਰੁ ਬੰਧਨ ਕਾਟਿ ਛਡਾਏ॥		Aapanee Nadhar Karae Paramaesar Bandhhan Kaatt Shhaddaaeae ||	The Transcendent Lord has blessed me with His Glance of Grace; breaking my bonds, He has delivered me.	ਹੇ ਭਾਈ! ਜਿਨ੍ਹਾਂ ਮਨੁੱਖਾਂ ਉਤੇ ਪਰਮਾਤਮਾ ਆਪਣੀ ਮੇਹਰ ਦੀ ਨਿਗਾਹ ਕਰਦਾ ਹੈ, ਉਹਨਾਂ ਦੇ (ਮੋਹ ਦੇ) ਬੰਧਨ ਕੱਟ ਕੇ ਉਹਨਾਂ ਨੂੰ ਵਿਕਾਰਾਂ ਤੋਂ ਛਡਾ ਲੈਂਦਾ ਹੈ।
32189	748	ਆਪਣੀ ਭਗਤਿ ਪ੍ਰਭਿ ਆਪਿ ਕਰਾਈ ਆਪੇ ਸੇਵਾ ਲਾਏ॥੩॥		Aapanee Bhagath Prabh Aap Karaaee Aapae Saevaa Laaeae ||3||	God Himself inspires me to worship Him; He Himself inspires me to serve Him. ||3||	ਉਹਨਾਂ ਨੂੰ ਆਪ ਹੀ ਆਪਣੀ ਸੇਵਾ-ਭਗਤੀ ਵਿਚ ਜੋੜ ਲੈਂਦਾ ਹੈ। ਹੇ ਭਾਈ! ਪ੍ਰਭੂ ਨੇ ਉਹਨਾਂ ਪਾਸੋਂ ਆਪਣੀ ਭਗਤੀ ਆਪ ਹੀ ਕਰਾ ਲਈ ॥੩॥
32190	748	ਭਰਮੁ ਗਇਆ ਭੈ ਮੋਹ ਬਿਨਾਸੇ ਮਿਟਿਆ ਸਗਲ ਵਿਸੂਰਾ॥		Bharam Gaeiaa Bhai Moh Binaasae Mittiaa Sagal Visooraa ||	My doubts have gone, my fears and infatuations have been dispelled, and all my sorrows are gone.	(ਉਹਨਾਂ ਦੇ ਅੰਦਰੋਂ) ਭਟਕਣਾ ਦੂਰ ਹੋ ਗਈ, ਉਹਨਾਂ ਦੇ ਅੰਦਰੋਂ ਮੋਹ ਅਤੇ ਹੋਰ ਸਾਰੇ ਡਰ ਨਾਸ ਹੋ ਗਏ, ਉਹਨਾਂ ਦਾ ਸਾਰਾ ਚਿੰਤਾ-ਝੋਰਾ ਮੁੱਕ ਗਿਆ,

32191	748	ਨਾਨਕ ਦਇਆ ਕਰੀ ਸੁਖਦਾਤੈ ਭੇਟਿਆ ਸਤਿਗੁਰੁ ਪੂਰਾ॥੪॥੫॥੫੨॥		Naanak Dhaeiaa Karee Sukhadhaathai Bhaettiaa Sathigur Pooraa ||4||5||52||	O Nanak, the Lord, the Giver of peace has been merciful to me. I have met the Perfect True Guru. ||4||5||52||	ਹੇ ਨਾਨਕ! ਸੁਖ ਦੇਣ ਵਾਲੇ ਪ੍ਰਭੂ ਨੇ ਜਿਨ੍ਹਾਂ ਉਤੇ ਦਇਆ ਕੀਤੀ ਉਹਨਾਂ ਨੂੰ ਪੂਰਾ ਗੁਰੂ ਮਿਲ ਪਿਆ ॥੪॥੫॥੫੨॥
32192	748	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32193	748	ਜਬ ਕਛੁ ਨ ਸੀਓ ਤਬ ਕਿਆ ਕਰਤਾ ਕਵਨ ਕਰਮ ਕਰਿ ਆਇਆ॥		Jab Kashh N Seeou Thab Kiaa Karathaa Kavan Karam Kar Aaeiaa ||	When nothing existed, what deeds were being done? And what karma caused anyone to be born at all?	ਹੇ ਭਾਈ! ਜਦੋਂ ਅਜੇ ਸੰਸਾਰ ਹੀ ਨਹੀਂ ਸੀ (ਇਹ ਜੀਵ ਭੀ ਨਹੀਂ ਸੀ, ਤਦੋਂ) ਇਹ ਜੀਵ ਕੀਹ ਕਰਦਾ ਸੀ? ਤੇ, ਕੇਹੜੇ ਕਰਮ ਕਰ ਕੇ ਇਹ ਹੋਂਦ ਵਿਚ ਆਇਆ ਹੈ?
32194	748	ਅਪਨਾ ਖੇਲੁ ਆਪਿ ਕਰਿ ਦੇਖੈ ਠਾਕੁਰਿ ਰਚਨੁ ਰਚਾਇਆ॥੧॥		Apanaa Khael Aap Kar Dhaekhai Thaakur Rachan Rachaaeiaa ||1||	The Lord Himself set His play in motion, and He Himself beholds it. He created the Creation. ||1||	(ਅਸਲ ਗੱਲ ਇਹ ਕਿ) ਪਰਮਾਤਮਾ ਨੇ ਆਪ ਹੀ ਜਗਤ-ਰਚਨਾ ਰਚੀ ਹੈ, ਉਹ ਆਪ ਹੀ ਆਪਣਾ ਇਹ ਜਗਤ-ਤਮਾਸ਼ਾ ਰਚ ਕੇ ਆਪ ਹੀ ਇਸ ਤਮਾਸ਼ੇ ਨੂੰ ਵੇਖ ਰਿਹਾ ਹੈ ॥੧॥
32195	748	ਮੇਰੇ ਰਾਮਰਾਇ ਮੁਝ ਤੇ ਕਛੂ ਨ ਹੋਈ॥		Maerae Raam Raae Mujh Thae Kashhoo N Hoee ||	O my Sovereign Lord, I cannot do anything at all by myself.	ਹੇ ਮੇਰੇ ਪ੍ਰਭੂ-ਪਾਤਿਸ਼ਾਹ! (ਤੇਰੀ ਪ੍ਰੇਰਨਾ ਸਹਾਇਤਾ ਤੋਂ ਬਿਨਾ) ਮੈਥੋਂ ਕੋਈ ਕੰਮ ਨਹੀਂ ਹੋ ਸਕਦਾ।

32196	748	ਆਪੇ ਕਰਤਾ ਆਪਿ ਕਰਾਏ ਸਰਬ ਨਿਰੰਤਰਿ ਸੋਈ॥੧॥ਰਹਾਉ॥		Aapae Karathaa Aap Karaaeae Sarab Niranthar Soee ||1|| Rehaao ||	He Himself is the Creator, He Himself is the Cause. He is pervading deep within all. ||1||Pause||	ਹੇ ਭਾਈ! ਉਹ ਪਰਮਾਤਮਾ ਹੀ ਸਾਰੇ ਜੀਵਾਂ ਵਿਚ ਇਕ-ਰਸ ਵਿਆਪਕ ਹੈ, ਉਹ ਆਪ ਹੀ (ਜੀਵਾਂ ਵਿਚ ਬੈਠ ਕੇ) ਸਭ ਕੁਝ ਕਰਦਾ ਹੈ, ਉਹ ਆਪ ਹੀ (ਜੀਵਾਂ ਪਾਸੋਂ ਸਭ ਕੁਝ) ਕਰਾਂਦਾ ਹੈ ॥੧॥ ਰਹਾਉ ॥
32197	748	ਗਣਤੀ ਗਣੀ ਨ ਛੂਟੈ ਕਤਹੂ ਕਾਚੀ ਦੇਹ ਇਆਣੀ॥		Ganathee Ganee N Shhoottai Kathehoo Kaachee Dhaeh Eiaanee ||	If my account were to be judged, I would never be saved. My body is transitory and ignorant.	ਹੇ ਪ੍ਰਭੂ! ਇਹ ਜੀਵ ਅੰਞਾਣ ਅਕਲ ਵਾਲਾ ਤੇ ਨਾਸਵੰਤ ਸਰੀਰ ਵਾਲਾ ਹੈ। ਜੇ ਇਸ ਦੇ ਕੀਤੇ ਕਰਮਾਂ ਦਾ ਲੇਖਾ ਗਿਣਿਆ ਗਿਆ, ਤਾਂ ਇਹ ਕਿਸੇ ਭੀ ਤਰ੍ਹਾਂ ਸੁਰਖ਼ਰੂ ਨਹੀਂ ਹੋ ਸਕਦਾ।
32198	748	ਕ੍ਰਿਪਾ ਕਰਹੁ ਪ੍ਰਭ ਕਰਣੈਹਾਰੇ ਤੇਰੀ ਬਖਸ ਨਿਰਾਲੀ॥੨॥		Kirapaa Karahu Prabh Karanaihaarae Thaeree Bakhas Niraalee ||2||	Take pity upon me, O Creator Lord God; Your Forgiving Grace is singular and unique. ||2||	ਹੇ ਸਭ ਕੁਝ ਕਰਨ ਦੇ ਸਮਰਥ ਪ੍ਰਭੂ! ਤੂੰ ਆਪ ਹੀ ਮੇਹਰ ਕਰ (ਤੇ ਬਖ਼ਸ਼)। ਤੇਰੀ ਬਖ਼ਸ਼ਸ਼ ਵੱਖਰੀ ਹੀ ਕਿਸਮ ਦੀ ਹੈ ॥੨॥
32199	748	ਜੀਅ ਜੰਤ ਸਭ ਤੇਰੇ ਕੀਤੇ ਘਟਿ ਘਟਿ ਤੁਹੀ ਧਿਆਈਐ॥		Jeea Janth Sabh Thaerae Keethae Ghatt Ghatt Thuhee Dhhiaaeeai ||	You created all beings and creatures. Each and every heart meditates on You.	ਹੇ ਪ੍ਰਭੂ! (ਜਗਤ ਦੇ) ਸਾਰੇ ਜੀਵ ਤੇਰੇ ਪੈਦਾ ਕੀਤੇ ਹੋਏ ਹਨ, ਹਰੇਕ ਸਰੀਰ ਵਿਚ ਤੇਰਾ ਹੀ ਧਿਆਨ ਧਰਿਆ ਜਾ ਰਿਹਾ ਹੈ।

32200	748	ਤੇਰੀ ਗਤਿ ਮਿਤਿ ਤੂਹੈ ਜਾਣਹਿ ਕੁਦਰਤਿ ਕੀਮ ਨ ਪਾਈਐ॥੩॥		Thaeree Gath Mith Thoohai Jaanehi Kudharath Keem N Paaeeai ||3||	Your condition and expanse are known only to You; the value of Your creative omnipotence cannot be estimated. ||3||	ਤੂੰ ਕਿਹੋ ਜਿਹਾ ਹੈਂ, ਤੂੰ ਕੇਡਾ ਵੱਡਾ ਹੈਂ-ਇਹ ਭੇਤ ਤੂੰ ਆਪ ਹੀ ਜਾਣਦਾ ਹੈਂ। ਤੇਰੀ ਕੁਦਰਤਿ ਦਾ ਮੁੱਲ ਨਹੀਂ ਪੈ ਸਕਦਾ ॥੩॥
32201	748	ਨਿਰਗੁਣੁ ਮੁਗਧੁ ਅਜਾਣੁ ਅਗਿਆਨੀ ਕਰਮ ਧਰਮ ਨਹੀ ਜਾਣਾ॥		Niragun Mugadhh Ajaan Agiaanee Karam Dhharam Nehee Jaanaa ||	I am worthless, foolish, thoughtless and ignorant. I know nothing about good actions and righteous living.	ਹੇ ਪ੍ਰਭੂ! ਮੈਂ ਗੁਣ-ਹੀਨ ਹਾਂ, ਮੈਂ ਮੂਰਖ ਹਾਂ, ਮੈਂ ਬੇ-ਸਮਝ ਹਾਂ, ਮੈਨੂੰ ਆਤਮਕ ਜੀਵਨ ਦੀ ਸੂਝ ਨਹੀਂ, ਮੈਂ ਕੋਈ ਧਾਰਮਿਕ ਕੰਮ ਕਰਨੇ ਭੀ ਨਹੀਂ ਜਾਣਦਾ (ਜਿਨ੍ਹਾਂ ਨਾਲ ਤੈਨੂੰ ਖ਼ੁਸ਼ ਕਰ ਸਕਾਂ)।
32202	748	ਦਇਆ ਕਰਹੁ ਨਾਨਕੁ ਗੁਣ ਗਾਵੈ ਮਿਠਾ ਲਗੈ ਤੇਰਾ ਭਾਣਾ॥੪॥੬॥੫੩॥		Dhaeiaa Karahu Naanak Gun Gaavai Mithaa Lagai Thaeraa Bhaanaa ||4||6||53||	Take pity on Nanak, that he may sing Your Glorious Praises; and that Your Will may seem sweet to him. ||4||6||53||	ਹੇ ਪ੍ਰਭੂ! ਮੇਹਰ ਕਰ, (ਤੇਰਾ ਦਾਸ) ਨਾਨਕ ਤੇਰੇ ਗੁਣ ਗਾਂਦਾ ਰਹੇ, ਅਤੇ (ਨਾਨਕ ਨੂੰ) ਤੇਰੀ ਰਜ਼ਾ ਮਿੱਠੀ ਲੱਗਦੀ ਰਹੇ ॥੪॥੬॥੫੩॥
32203	748	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	

32204	749	ਭਾਗਠੜੇ ਹਰਿ ਸੰਤ ਤੁਮ੍ਹਾਰੇ ਜਿਨ੍ ਘਰਿ ਧਨੁ ਹਰਿ ਨਾਮਾ॥		Bhaagatharrae Har Santh Thumhaarae Jinh Ghar Dhhan Har Naamaa ||	Your Saints are very fortunate; their homes are filled with the wealth of the Lord's Name.	ਹੇ ਹਰੀ! ਤੇਰੇ ਸੰਤ ਜਨ ਬੜੇ ਭਾਗਾਂ ਵਾਲੇ ਹਨ ਕਿਉਂਕਿ ਉਹਨਾਂ ਦੇ ਹਿਰਦੇ-ਘਰ ਵਿਚ ਤੇਰਾ ਨਾਮ-ਧਨ ਵੱਸਦਾ ਹੈ।
32205	749	ਪਰਵਾਣੁ ਗਣੀ ਸੇਈ ਇਹ ਆਏ ਸਫਲ ਤਿਨਾ ਕੇ ਕਾਮਾ॥੧॥		Paravaan Ganee Saeee Eih Aaeae Safal Thinaa Kae Kaamaa ||1||	Their birth is approved, and their actions are fruitful. ||1||	ਮੈਂ ਸਮਝਦਾ ਹਾਂ ਕਿ ਉਹਨਾਂ ਦਾ ਹੀ ਜਗਤ ਵਿਚ ਆਉਣਾ ਤੇਰੀਆਂ ਨਜ਼ਰਾਂ ਵਿਚ ਕਬੂਲ ਹੈ, ਉਹਨਾਂ ਸੰਤ ਜਨਾਂ ਦਾ ਸਾਰੇ (ਸੰਸਾਰਕ) ਕੰਮ (ਭੀ) ਸਿਰੇ ਚੜ੍ਹ ਜਾਂਦੇ ਹਨ ॥੧॥
32206	749	ਮੇਰੇ ਰਾਮ ਹਰਿ ਜਨ ਕੈ ਹਉ ਬਲਿ ਜਾਈ॥		Maerae Raam Har Jan Kai Ho Bal Jaaee ||	O my Lord, I am a sacrifice to the humble servants of the Lord.	ਹੇ ਮੇਰੇ ਰਾਮ! (ਜੇ ਤੇਰੀ ਮੇਹਰ ਹੋਵੇ, ਤਾਂ) ਮੈਂ ਤੇਰੇ ਸੇਵਕਾਂ ਤੋਂ ਸਦਕੇ ਜਾਵਾਂ (ਆਪਣਾ ਸਭ ਕੁਝ ਵਾਰ ਦਿਆਂ)।
32207	749	ਕੇਸਾ ਕਾ ਕਰਿ ਚਵਰੁ ਢੁਲਾਵਾ ਚਰਣ ਧੂੜਿ ਮੁਖਿ ਲਾਈ॥੧॥ਰਹਾਉ॥		Kaesaa Kaa Kar Chavar Dtulaavaa Charan Dhhoorr Mukh Laaee ||1|| Rehaao ||	I make my hair into a fan, and wave it over them; I apply the dust of their feet to my face. ||1||Pause||	ਮੈਂ ਆਪਣੇ ਕੇਸਾਂ ਦਾ ਚੌਰ ਬਣਾ ਕੇ ਉਹਨਾਂ ਉਤੇ ਝੁਲਾਵਾਂ, ਮੈਂ ਉਹਨਾਂ ਦੇ ਚਰਨਾਂ ਦੀ ਧੂੜ ਲੈ ਕੇ ਆਪਣੇ ਮੱਥੇ ਉਤੇ ਲਾਵਾਂ ॥੧॥ ਰਹਾਉ ॥

32208	749	ਜਨਮ ਮਰਣ ਦੁਹਹੂ ਮਹਿ ਨਾਹੀ ਜਨ ਪਰਉਪਕਾਰੀ ਆਏ॥		Janam Maran Dhuhehoo Mehi Naahee Jan Paroupakaaree Aaeae ||	Those generous, humble beings are above both birth and death.	ਹੇ ਭਾਈ! ਸੰਤ ਜਨ ਜਨਮ ਮਰਨ ਦੇ ਗੇੜ ਵਿਚ ਨਹੀਂ ਆਉਂਦੇ, ਉਹ ਤਾਂ ਜਗਤ ਵਿਚ ਦੂਜਿਆਂ ਦੀ ਭਲਾਈ ਕਰਨ ਵਾਸਤੇ ਆਉਂਦੇ ਹਨ।
32209	749	ਜੀਅ ਦਾਨੁ ਦੇ ਭਗਤੀ ਲਾਇਨਿ ਹਰਿ ਸਿਉ ਲੈਨਿ ਮਿਲਾਏ॥੨॥		Jeea Dhaan Dhae Bhagathee Laaein Har Sio Lain Milaaeae ||2||	They give the gift of the soul, and practice devotional worship; they inspire others to meet the Lord. ||2||	ਸੰਤ ਜਨ (ਹੋਰਨਾਂ ਨੂੰ) ਆਤਮਕ ਜੀਵਨ ਦੀ ਦਾਤ ਦੇ ਕੇ ਪਰਮਾਤਮਾ ਦੀ ਭਗਤੀ ਵਿਚ ਜੋੜਦੇ ਹਨ, ਅਤੇ ਉਹਨਾਂ ਨੂੰ ਪਰਮਾਤਮਾ ਨਾਲ ਮਿਲਾ ਦੇਂਦੇ ਹਨ ॥੨॥
32210	749	ਸਚਾ ਅਮਰੁ ਸਚੀ ਪਾਤਿਸਾਹੀ ਸਚੇ ਸੇਤੀ ਰਾਤੇ॥		Sachaa Amar Sachee Paathisaahee Sachae Saethee Raathae ||	True are their commands, and true are their empires; they are attuned to the Truth.	ਹੇ ਭਾਈ! ਸੰਤ ਜਨ ਸਦਾ-ਥਿਰ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹਨਾਂ ਦਾ ਹੁਕਮ ਸਦਾ ਕਾਇਮ ਰਹਿੰਦਾ ਹੈ, ਉਹਨਾਂ ਦੀ ਪਾਤਿਸ਼ਾਹੀ ਭੀ ਅਟੱਲ ਰਹਿੰਦੀ ਹੈ।
32211	749	ਸਚਾ ਸੁਖੁ ਸਚੀ ਵਡਿਆਈ ਜਿਸ ਕੇ ਸੇ ਤਿਨਿ ਜਾਤੇ॥੩॥		Sachaa Sukh Sachee Vaddiaaee Jis Kae Sae Thin Jaathae ||3||	True is their happiness, and true is their greatness. They know the Lord, to whom they belong. ||3||	ਉਹਨਾਂ ਨੂੰ ਸਦਾ ਕਾਇਮ ਰਹਿਣ ਵਾਲਾ ਆਨੰਦ ਪ੍ਰਾਪਤ ਰਹਿੰਦਾ ਹੈ, ਉਹਨਾਂ ਦੀ ਸੋਭਾ ਸਦਾ ਲਈ ਟਿਕੀ ਰਹਿੰਦੀ ਹੈ। ਜਿਸ ਪਰਮਾਤਮਾ ਦੇ ਉਹ ਸੇਵਕ ਬਣੇ ਰਹਿੰਦੇ ਹਨ, ਉਹ ਪਰਮਾਤਮਾ ਹੀ ਉਹਨਾਂ ਦੀ ਕਦਰ ਜਾਣਦਾ ਹੈ ॥੩॥

32212	749	ਪਖਾ ਫੇਰੀ ਪਾਣੀ ਢੋਵਾ ਹਰਿ ਜਨ ਕੈ ਪੀਸਣੁ ਪੀਸਿ ਕਮਾਵਾ॥		Pakhaa Faeree Paanee Dtovaa Har Jan Kai Peesan Pees Kamaavaa ||	I wave the fan over them, carry water for them, and grind corn for the humble servants of the Lord.	ਮੈਂ ਉਹਨਾਂ ਨੂੰ ਪੱਖਾ ਝੱਲਦਾ ਰਹਾਂ, ਉਹਨਾਂ ਵਾਸਤੇ ਪਾਣੀ ਢੋਂਦਾ ਰਹਾਂ ਤੇ ਉਹਨਾਂ ਦੇ ਦਰ ਤੇ ਚੱਕੀ ਪੀਹ ਕੇ ਸੇਵਾ ਕਰਦਾ ਰਹਾਂ।
32213	749	ਨਾਨਕ ਕੀ ਪ੍ਰਭ ਪਾਸਿ ਬੇਨੰਤੀ ਤੇਰੇ ਜਨ ਦੇਖਣੁ ਪਾਵਾ॥੪॥੭॥੫੪॥		Naanak Kee Prabh Paas Baenanthee Thaerae Jan Dhaekhan Paavaa ||4||7||54||	Nanak offers this prayer to God - please, grant me the sight of Your humble servants. ||4||7||54||	ਹੇ ਭਾਈ! ਨਾਨਕ ਦੀ ਪਰਮਾਤਮਾ ਅੱਗੇ ਸਦਾ ਇਹੀ ਬੇਨਤੀ ਹੈ ਕਿ-ਹੇ ਪ੍ਰਭੂ! ਮੈਂ ਤੇਰੇ ਸੰਤ ਜਨਾਂ ਦਾ ਦਰਸਨ ਕਰਦਾ ਰਹਾਂ ॥੪॥੭॥੫੪॥
32214	749	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32215	749	ਪਾਰਬ੍ਰਹਮ ਪਰਮੇਸਰ ਸਤਿਗੁਰ ਆਪੇ ਕਰਣੈਹਾਰਾ॥		Paarabreham Paramaesar Sathigur Aapae Karanaihaaraa ||	The True Guru is the Transcendent Lord, the Supreme Lord God; He Himself is the Creator Lord.	ਹੇ ਪਰਮਾਤਮਾ! ਹੇ ਪਰਮੇਸਰ! ਹੇ ਸਤਿਗੁਰ! ਤੂੰ ਆਪ ਹੀ ਸਭ ਕੁਝ ਕਰਨ ਦੇ ਸਮਰਥ ਹੈਂ।
32216	749	ਚਰਣ ਧੂੜਿ ਤੇਰੀ ਸੇਵਕੁ ਮਾਗੈ ਤੇਰੇ ਦਰਸਨ ਕਉ ਬਲਿਹਾਰਾ॥੧॥		Charan Dhhoorr Thaeree Saevak Maagai Thaerae Dharasan Ko Balihaaraa ||1||	Your servant begs for the dust of Your feet. I am a sacrifice to the Blessed Vision of Your Darshan. ||1||	(ਤੇਰਾ) ਦਾਸ (ਤੇਰੇ ਪਾਸੋਂ) ਤੇਰੇ ਚਰਨਾਂ ਦੀ ਧੂੜ ਮੰਗਦਾ ਹੈ, ਤੇਰੇ ਦਰਸਨ ਤੋਂ ਸਦਕੇ ਜਾਂਦਾ ਹੈ ॥੧॥

32217	749	ਮੇਰੇ ਰਾਮਰਾਇ ਜਿਉ ਰਾਖਹਿ ਤਿਉ ਰਹੀਐ॥		Maerae Raam Raae Jio Raakhehi Thio Reheeai ||	O my Sovereign Lord, as You keep me, so do I remain.	ਹੇ ਮੇਰੇ ਪ੍ਰਭੂ-ਪਾਤਿਸ਼ਾਹ! ਤੂੰ ਜਿਵੇਂ (ਅਸਾਂ ਜੀਵਾਂ ਨੂੰ) ਰੱਖਦਾ ਹੈਂ, ਤਿਵੇਂ ਹੀ ਰਿਹਾ ਜਾ ਸਕਦਾ ਹੈ।
32218	749	ਤੁਧੁ ਭਾਵੈ ਤਾ ਨਾਮੁ ਜਪਾਵਹਿ ਸੁਖੁ ਤੇਰਾ ਦਿਤਾ ਲਹੀਐ॥੧॥ਰਹਾਉ॥		Thudhh Bhaavai Thaa Naam Japaavehi Sukh Thaeraa Dhithaa Leheeai ||1|| Rehaao ||	When it pleases You, I chant Your Name. You alone can grant me peace. ||1||Pause||	ਜੇ ਤੈਨੂੰ ਚੰਗਾ ਲੱਗੇ ਤਾਂ ਤੂੰ (ਅਸਾਂ ਜੀਵਾਂ ਪਾਸੋਂ ਆਪਣਾ) ਨਾਮ ਜਪਾਂਦਾ ਹੈਂ, ਤੇਰਾ ਹੀ ਬਖ਼ਸ਼ਿਆ ਹੋਇਆ ਸੁਖ ਅਸੀਂ ਲੈ ਸਕਦੇ ਹਾਂ ॥੧॥ ਰਹਾਉ ॥
32219	749	ਮੁਕਤਿ ਭੁਗਤਿ ਜੁਗਤਿ ਤੇਰੀ ਸੇਵਾ ਜਿਸੁ ਤੂੰ ਆਪਿ ਕਰਾਇਹਿ॥		Mukath Bhugath Jugath Thaeree Saevaa Jis Thoon Aap Karaaeihi ||	Liberation, comfort and proper lifestyle come from serving You; You alone cause us to serve You.	ਹੇ ਪ੍ਰਭੂ! ਤੇਰੀ ਸੇਵਾ-ਭਗਤੀ ਵਿਚ ਹੀ (ਵਿਕਾਰਾਂ ਤੋਂ) ਖ਼ਲਾਸੀ ਹੈ, ਸੰਸਾਰ ਦੇ ਸੁਖ ਹਨ, ਸੁਚੱਜੀ ਜੀਵਨ-ਜਾਚ ਹੈ (ਪਰ ਤੇਰੀ ਭਗਤੀ ਉਹੀ ਕਰਦਾ ਹੈ) ਜਿਸ ਪਾਸੋਂ ਤੂੰ ਆਪ ਕਰਾਂਦਾ ਹੈਂ।
32220	749	ਤਹਾ ਬੈਕੁੰਠੁ ਜਹ ਕੀਰਤਨੁ ਤੇਰਾ ਤੂੰ ਆਪੇ ਸਰਧਾ ਲਾਇਹਿ॥੨॥		Thehaa Baikunth Jeh Keerathan Thaeraa Thoon Aapae Saradhhaa Laaeihi ||2||	That place is heaven, where the Kirtan of the Lord's Praises are sung. You Yourself instill faith into us. ||2||	ਹੇ ਪ੍ਰਭੂ! ਜਿਸ ਥਾਂ ਤੇਰੀ ਸਿਫ਼ਤਿ-ਸਾਲਾਹ ਹੋ ਰਹੀ ਹੋਵੇ, (ਮੇਰੇ ਵਾਸਤੇ) ਉਹੀ ਥਾਂ ਬੈਕੁੰਠ ਹੈ, ਤੂੰ ਆਪ ਹੀ (ਸਿਫ਼ਤਿ-ਸਾਲਾਹ ਕਰਨ ਦੀ) ਸਰਧਾ (ਸਾਡੇ ਅੰਦਰ) ਪੈਦਾ ਕਰਦਾ ਹੈਂ ॥੨॥

32221	749	ਸਿਮਰਿ ਸਿਮਰਿ ਸਿਮਰਿ ਨਾਮੁ ਜੀਵਾ ਤਨੁ ਮਨੁ ਹੋਇ ਨਿਹਾਲਾ॥		Simar Simar Simar Naam Jeevaa Than Man Hoe Nihaalaa ||	Meditating, meditating, meditating in remembrance on the Naam, I live; my mind and body are enraptured.	(ਹੇ ਪ੍ਰਭੂ! ਮੇਹਰ ਕਰ) ਮੈਂ ਤੇਰਾ ਨਾਮ ਜਪ ਜਪ ਕੇ ਆਤਮਕ ਜੀਵਨ ਹਾਸਲ ਕਰਦਾ ਰਹਾਂ, ਮੇਰਾ ਮਨ ਮੇਰਾ ਤਨ (ਤੇਰੇ ਨਾਮ ਦੀ ਬਰਕਤਿ ਨਾਲ) ਖਿੜਿਆ ਰਹੇ।
32222	749	ਚਰਣਕਮਲ ਤੇਰੇ ਧੋਇ ਧੋਇ ਪੀਵਾ ਮੇਰੇ ਸਤਿਗੁਰ ਦੀਨ ਦਇਆਲਾ॥੩॥		Charan Kamal Thaerae Dhhoe Dhhoe Peevaa Maerae Sathigur Dheen Dhaeiaalaa ||3||	I wash Your Lotus Feet, and drink in this water, O my True Guru, O Merciful to the meek. ||3||	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਮੇਰੇ ਸਤਿਗੁਰ! ਮੈਂ ਸਦਾ ਤੇਰੇ ਸੋਹਣੇ ਚਰਨ ਧੋ ਧੋ ਕੇ ਪੀਂਦਾ ਰਹਾਂ ॥੩॥
32223	749	ਕੁਰਬਾਣੁ ਜਾਈ ਉਸੁ ਵੇਲਾ ਸੁਹਾਵੀ ਜਿਤੁ ਤੁਮਰੈ ਦੁਆਰੈ ਆਇਆ॥		Kurabaan Jaaee Ous Vaelaa Suhaavee Jith Thumarai Dhuaarai Aaeiaa ||	I am a sacrifice to that most wonderful time when I came to Your Door.	(ਹੇ ਸਤਿਗੁਰੂ!) ਮੈਂ ਉਸ ਸੋਹਣੀ ਘੜੀ ਤੋਂ ਸਦਕੇ ਜਾਂਦਾ ਹਾਂ, ਜਦੋਂ ਮੈਂ ਤੇਰੇ ਦਰ ਤੇ ਆ ਡਿੱਗਾ।
32224	749	ਨਾਨਕ ਕਉ ਪ੍ਰਭ ਭਏ ਕ੍ਰਿਪਾਲਾ ਸਤਿਗੁਰੁ ਪੂਰਾ ਪਾਇਆ॥੪॥੮॥੫੫॥		Naanak Ko Prabh Bheae Kirapaalaa Sathigur Pooraa Paaeiaa ||4||8||55||	God has become compassionate to Nanak; I have found the Perfect True Guru. ||4||8||55||	ਹੇ ਭਾਈ! ਜਦੋਂ (ਦਾਸ) ਨਾਨਕ ਉਤੇ ਪ੍ਰਭੂ ਜੀ ਦਇਆਵਾਨ ਹੋਏ, ਤਦੋਂ (ਨਾਨਕ ਨੂੰ) ਪੂਰਾ ਗੁਰੂ ਮਿਲ ਪਿਆ ॥੪॥੮॥੫੫॥

32225	749	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32226	749	ਤੁਧੁ ਚਿਤਿ ਆਏ ਮਹਾ ਅਨੰਦਾ ਜਿਸੁ ਵਿਸਰਹਿ ਸੋ ਮਰਿ ਜਾਏ॥		Thudhh Chith Aaeae Mehaa Anandhaa Jis Visarehi So Mar Jaaeae ||	When You come to mind, I am totally in bliss. One who forgets You might just as well be dead.	ਹੇ ਪ੍ਰਭੂ! ਜੇ ਤੂੰ ਚਿੱਤ ਵਿਚ ਆ ਵੱਸੇਂ, ਤਾਂ ਬੜਾ ਸੁਖ ਮਿਲਦਾ ਹੈ। ਜਿਸ ਮਨੁੱਖ ਨੂੰ ਤੂੰ ਵਿਸਰ ਜਾਂਦਾ ਹੈਂ, ਉਹ ਮਨੁੱਖ ਆਤਮਕ ਮੌਤ ਸਹੇੜ ਲੈਂਦਾ ਹੈ।
32227	749	ਦਇਆਲੁ ਹੋਵਹਿ ਜਿਸੁ ਊਪਰਿ ਕਰਤੇ ਸੋ ਤੁਧੁ ਸਦਾ ਧਿਆਏ॥੧॥		Dhaeiaal Hovehi Jis Oopar Karathae So Thudhh Sadhaa Dhhiaaeae ||1||	That being, whom You bless with Your Mercy, O Creator Lord, constantly meditates on You. ||1||	ਹੇ ਕਰਤਾਰ! ਜਿਸ ਮਨੁੱਖ ਉਤੇ ਤੂੰ ਦਇਆਵਾਨ ਹੁੰਦਾ ਹੈਂ, ਉਹ ਸਦਾ ਤੈਨੂੰ ਯਾਦ ਕਰਦਾ ਰਹਿੰਦਾ ਹੈ ॥੧॥
32228	749	ਮੇਰੇ ਸਾਹਿਬ ਤੂੰ ਮੈ ਮਾਣੁ ਨਿਮਾਣੀ॥		Maerae Saahib Thoon Mai Maan Nimaanee ||	O my Lord and Master, You are the honor of the dishonored such as me.	ਹੇ ਮੇਰੇ ਮਾਲਕ-ਪ੍ਰਭੂ! ਮੇਰਾ ਨਿਮਾਣੀ ਦਾ ਤੂੰ ਹੀ ਮਾਣ ਹੈਂ।
32229	749	ਅਰਦਾਸਿ ਕਰੀ ਪ੍ਰਭ ਅਪਨੇ ਆਗੈ ਸੁਣਿ ਸੁਣਿ ਜੀਵਾ ਤੇਰੀ ਬਾਣੀ॥੧॥ਰਹਾਉ॥		Aradhaas Karee Prabh Apanae Aagai Sun Sun Jeevaa Thaeree Baanee ||1|| Rehaao ||	I offer my prayer to You, God; listening, listening to the Word of Your Bani, I live. ||1||Pause||	ਹੇ ਪ੍ਰਭੂ! ਮੈਂ ਤੇਰੇ ਅੱਗੇ ਅਰਜ਼ੋਈ ਕਰਦਾ ਹਾਂ, (ਮੇਹਰ ਕਰ) ਤੇਰੀ ਸਿਫ਼ਤਿ-ਸਾਲਾਹ ਦੀ ਬਾਣੀ ਸੁਣ ਸੁਣ ਕੇ ਮੈਂ ਆਤਮਕ ਜੀਵਨ ਹਾਸਲ ਕਰਦਾ ਰਹਾਂ ॥੧॥ ਰਹਾਉ ॥

32230	749	ਚਰਣ ਧੂੜਿ ਤੇਰੇ ਜਨ ਕੀ ਹੋਵਾ ਤੇਰੇ ਦਰਸਨ ਕਉ ਬਲਿ ਜਾਈ॥		Charan Dhhoorr Thaerae Jan Kee Hovaa Thaerae Dharasan Ko Bal Jaaee ||	May I become the dust of the feet of Your humble servants. I am a sacrifice to the Blessed Vision of Your Darshan.	ਹੇ ਪ੍ਰਭੂ! ਮੈਂ ਤੇਰੇ ਦਰਸਨ ਤੋਂ ਸਦਕੇ ਜਾਂਦਾ ਹਾਂ, (ਮੇਹਰ ਕਰ) ਮੈਂ ਤੇਰੇ ਸੇਵਕ ਦੇ ਚਰਨਾਂ ਦੀ ਧੂੜ ਬਣਿਆ ਰਹਾਂ।
32231	749	ਅੰਮ੍ਰਿਤ ਬਚਨ ਰਿਦੈ ਉਰਿ ਧਾਰੀ ਤਉ ਕਿਰਪਾ ਤੇ ਸੰਗੁ ਪਾਈ॥੨॥		Anmrith Bachan Ridhai Our Dhhaaree Tho Kirapaa Thae Sang Paaee ||2||	I enshrine Your Ambrosial Word within my heart. By Your Grace, I have found the Company of the Holy. ||2||	(ਤੇਰੇ ਸੇਵਕ ਦੇ) ਆਤਮਕ ਜੀਵਨ ਦੇਣ ਵਾਲੇ ਬਚਨ ਮੈਂ ਆਪਣੇ ਦਿਲ ਵਿਚ ਹਿਰਦੇ ਵਿਚ ਵਸਾਈ ਰੱਖਾਂ, ਤੇਰੀ ਕਿਰਪਾ ਨਾਲ ਮੈਂ (ਤੇਰੇ ਸੇਵਕ ਦੀ) ਸੰਗਤਿ ਪ੍ਰਾਪਤ ਕਰਾਂ ॥੨॥
32232	749	ਅੰਤਰ ਕੀ ਗਤਿ ਤੁਧੁ ਪਹਿ ਸਾਰੀ ਤੁਧੁ ਜੇਵਡੁ ਅਵਰੁ ਨ ਕੋਈ॥		Anthar Kee Gath Thudhh Pehi Saaree Thudhh Jaevadd Avar N Koee ||	I place the state of my inner being before You; there is no other as great as You.	ਹੇ ਭਾਈ! ਆਪਣੇ ਦਿਲ ਦੀ ਹਾਲਤ ਤੇਰੇ ਅੱਗੇ ਖੋਲ੍ਹ ਕੇ ਰੱਖ ਦਿੱਤੀ ਹੈ। ਮੈਨੂੰ ਤੇਰੇ ਬਰਾਬਰ ਦਾ ਹੋਰ ਕੋਈ ਨਹੀਂ ਦਿੱਸਦਾ।
32233	749	ਜਿਸ ਨੋ ਲਾਇ ਲੈਹਿ ਸੋ ਲਾਗੈ ਭਗਤੁ ਤੁਹਾਰਾ ਸੋਈ॥੩॥		Jis No Laae Laihi So Laagai Bhagath Thuhaaraa Soee ||3||	He alone is attached, whom You attach; he alone is Your devotee. ||3||	ਜਿਸ ਮਨੁੱਖ ਨੂੰ ਤੂੰ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈਂ, ਉਹ (ਤੇਰੇ ਚਰਨਾਂ ਵਿਚ) ਜੁੜਿਆ ਰਹਿੰਦਾ ਹੈ। ਉਹੀ ਤੇਰਾ (ਅਸਲ) ਭਗਤ ਹੈ ॥੩॥

32234	749	ਦੁਇ ਕਰ ਜੋੜਿ ਮਾਗਉ ਇਕੁ ਦਾਨਾ ਸਾਹਿਬਿ ਤੁਠੈ ਪਾਵਾ॥		Dhue Kar Jorr Maago Eik Dhaanaa Saahib Thuthai Paavaa ||	With my palms pressed together, I beg for this one gift; O my Lord and Master, if it pleases You, I shall obtain it.	ਹੇ ਪ੍ਰਭੂ! ਮੈਂ (ਆਪਣੇ) ਦੋਵੇਂ ਹੱਥ ਜੋੜ ਕੇ (ਤੇਰੇ ਪਾਸੋਂ) ਇਕ ਦਾਨ ਮੰਗਦਾ ਹਾਂ। ਹੇ ਸਾਹਿਬ! ਤੇਰੇ ਤੁੱਠਣ ਨਾਲ ਹੀ ਮੈਂ (ਇਹ ਦਾਨ) ਲੈ ਸਕਦਾ ਹਾਂ।
32235	749	ਸਾਸਿ ਸਾਸਿ ਨਾਨਕੁ ਆਰਾਧੇ ਆਠ ਪਹਰ ਗੁਣ ਗਾਵਾ॥੪॥੯॥੫੬॥		Saas Saas Naanak Aaraadhhae Aath Pehar Gun Gaavaa ||4||9||56||	With each and every breath, Nanak adores You; twenty-four hours a day, I sing Your Glorious Praises. ||4||9||56||	(ਮੇਹਰ ਕਰ) ਨਾਨਕ ਹਰੇਕ ਸਾਹ ਦੇ ਨਾਲ ਤੇਰਾ ਅਰਾਧਨ ਕਰਦਾ ਰਹੇ, ਮੈਂ ਅੱਠੇ ਪਹਰ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਾਂ ॥੪॥੯॥੫੬॥
32236	749	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32237	749	ਜਿਸ ਕੇ ਸਿਰ ਊਪਰਿ ਤੂੰ ਸੁਆਮੀ ਸੋ ਦੁਖੁ ਕੈਸਾ ਪਾਵੈ॥		Jis Kae Sir Oopar Thoon Suaamee So Dhukh Kaisaa Paavai ||	When You stand over our heads, O Lord and Master, how can we suffer in pain?	ਹੇ ਮੇਰੇ ਮਾਲਕ ਪ੍ਰਭੂ! ਜਿਸ ਮਨੁੱਖ ਦੇ ਸਿਰ ਉੱਤੇ ਤੂੰ (ਹੱਥ ਰੱਖੇਂ) ਉਸ ਨੂੰ ਕੋਈ ਦੁੱਖ ਨਹੀਂ ਵਿਆਪਦਾ।
32238	749	ਬੋਲਿ ਨ ਜਾਣੈ ਮਾਇਆ ਮਦਿ ਮਾਤਾ ਮਰਣਾ ਚੀਤਿ ਨ ਆਵੈ॥੧॥	ਮੱਾਤਾ	Bol N Jaanai Maaeiaa Madh Maathaa Maranaa Cheeth N Aavai ||1||	The mortal being does not know how to chant Your Name - he is intoxicated with the wine of Maya, and the thought of death does not even enter his mind. ||1||	ਉਹ ਮਨੁੱਖ, ਜੋ ਮਾਇਆ ਦੇ ਨਸ਼ੇ ਵਿਚ ਮਸਤ ਹੋ ਕੇ ਤਾਂ ਬੋਲਣਾ ਹੀ ਨਹੀਂ ਜਾਣਦਾ, ਮੌਤ ਦਾ ਸਹਿਮ ਭੀ ਉਸ ਦੇ ਚਿੱਤ ਵਿਚ ਨਹੀਂ ਪੈਦਾ ਹੁੰਦਾ ॥੧॥

32239	749	ਮੇਰੇ ਰਾਮਰਾਇ ਤੂੰ ਸੰਤਾ ਕਾ ਸੰਤ ਤੇਰੇ॥		Maerae Raam Raae Thoon Santhaa Kaa Santh Thaerae ||	O my Sovereign Lord, You belong to the Saints, and the Saints belong to You.	ਹੇ ਮੇਰੇ ਪ੍ਰਭੂ-ਪਾਤਿਸ਼ਾਹ! ਤੂੰ (ਆਪਣੇ) ਸੰਤਾਂ ਦਾ (ਰਾਖਾ) ਹੈਂ, (ਤੇਰੇ) ਸੰਤ ਤੇਰੇ (ਆਸਰੇ ਰਹਿੰਦੇ ਹਨ)।
32240	750	ਤੇਰੇ ਸੇਵਕ ਕਉ ਭਉ ਕਿਛੁ ਨਾਹੀ ਜਮੁ ਨਹੀ ਆਵੈ ਨੇਰੇ॥੧॥ਰਹਾਉ॥		Thaerae Saevak Ko Bho Kishh Naahee Jam Nehee Aavai Naerae ||1|| Rehaao ||	Your servant is not afraid of anything; the Messenger of Death cannot even approach him. ||1||Pause||	ਹੇ ਪ੍ਰਭੂ! ਤੇਰੇ ਸੇਵਕ ਨੂੰ ਕੋਈ ਡਰ ਪੋਹ ਨਹੀਂ ਸਕਦਾ, ਮੌਤ ਦਾ ਡਰ ਉਸ ਦੇ ਨੇੜੇ ਨਹੀਂ ਢੁਕਦਾ ॥੧॥ ਰਹਾਉ ॥
32241	750	ਜੋ ਤੇਰੈ ਰੰਗਿ ਰਾਤੇ ਸੁਆਮੀ ਤਿਨ੍ ਕਾ ਜਨਮ ਮਰਣ ਦੁਖੁ ਨਾਸਾ॥		Jo Thaerai Rang Raathae Suaamee Thinh Kaa Janam Maran Dhukh Naasaa ||	Those who are attuned to Your Love, O my Lord and Master, are released from the pains of birth and death.	ਹੇ ਮੇਰੇ ਮਾਲਕ! ਜੇਹੜੇ ਮਨੁੱਖ ਤੇਰੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹਨਾਂ ਦਾ ਜੰਮਣ ਮਰਨ (ਦੇ ਗੇੜ) ਦਾ ਦੁੱਖ ਦੂਰ ਹੋ ਜਾਂਦਾ ਹੈ।
32242	750	ਤੇਰੀ ਬਖਸ ਨ ਮੇਟੈ ਕੋਈ ਸਤਿਗੁਰ ਕਾ ਦਿਲਾਸਾ॥੨॥		Thaeree Bakhas N Maettai Koee Sathigur Kaa Dhilaasaa ||2||	No one can erase Your Blessings; the True Guru has given me this assurance. ||2||	ਉਹਨਾਂ ਨੂੰ ਗੁਰੂ ਦਾ (ਦਿੱਤਾ ਹੋਇਆ ਇਹ) ਭਰੋਸਾ (ਚੇਤੇ ਰਹਿੰਦਾ ਹੈ ਕਿ ਉਹਨਾਂ ਉਤੇ ਹੋਈ) ਤੇਰੀ ਬਖ਼ਸ਼ਸ਼ ਨੂੰ ਕੋਈ ਮਿਟਾ ਨਹੀਂ ਸਕਦਾ ॥੨॥

32243	750	ਨਾਮੁ ਧਿਆਇਨਿ ਸੁਖ ਫਲ ਪਾਇਨਿ ਆਠ ਪਹਰ ਆਰਾਧਹਿ॥		Naam Dhhiaaein Sukh Fal Paaein Aath Pehar Aaraadhhehi ||	Those who meditate on the Naam, the Name of the Lord, obtain the fruits of peace. Twenty-four hours a day, they worship and adore You.	ਹੇ ਪ੍ਰਭੂ! (ਤੇਰੇ ਸੰਤ ਤੇਰਾ) ਨਾਮ ਸਿਮਰਦੇ ਰਹਿੰਦੇ ਹਨ, ਆਤਮਕ ਆਨੰਦ ਮਾਣਦੇ ਰਹਿੰਦੇ ਹਨ, ਅੱਠੇ ਪਹਰ ਤੇਰਾ ਆਰਾਧਨ ਕਰਦੇ ਹਨ।
32244	750	ਤੇਰੀ ਸਰਣਿ ਤੇਰੈ ਭਰਵਾਸੈ ਪੰਚ ਦੁਸਟ ਲੈ ਸਾਧਹਿ॥੩॥		Thaeree Saran Thaerai Bharavaasai Panch Dhusatt Lai Saadhhehi ||3||	In Your Sanctuary, with Your Support, they subdue the five villains. ||3||	ਤੇਰੀ ਸਰਨ ਵਿਚ ਆ ਕੇ, ਤੇਰੇ ਆਸਰੇ ਰਹਿ ਕੇ ਉਹ (ਕਾਮਾਦਿਕ) ਪੰਜੇ ਵੈਰੀਆਂ ਨੂੰ ਫੜ ਕੇ ਵੱਸ ਵਿਚ ਕਰ ਲੈਂਦੇ ਹਨ ॥੩॥
32245	750	ਗਿਆਨੁ ਧਿਆਨੁ ਕਿਛੁ ਕਰਮੁ ਨ ਜਾਣਾ ਸਾਰ ਨ ਜਾਣਾ ਤੇਰੀ॥		Giaan Dhhiaan Kishh Karam N Jaanaa Saar N Jaanaa Thaeree ||	I know nothing about wisdom, meditation and good deeds; I know nothing about Your excellence.	ਹੇ ਮੇਰੇ ਮਾਲਕ-ਪ੍ਰਭੂ! ਮੈਂ (ਭੀ) ਤੇਰੇ (ਬਖ਼ਸ਼ਸ਼ ਦੀ) ਕਦਰ ਨਹੀਂ ਸਾਂ ਜਾਣਦਾ, ਮੈਨੂੰ ਆਤਮਕ ਜੀਵਨ ਦੀ ਸੂਝ ਨਹੀਂ ਸੀ, ਤੇਰੇ ਚਰਨਾਂ ਵਿਚ ਸੁਰਤ ਟਿਕਾਈ ਭੀ ਨਹੀਂ ਜਾਣਦਾ ਸਾਂ, ਕਿਸੇ ਹੋਰ ਧਾਰਮਿਕ ਕੰਮ ਦੀ ਭੀ ਮੈਨੂੰ ਸੂਝ ਨਹੀਂ ਸੀ।

32246	750	ਸਭ ਤੇ ਵਡਾ ਸਤਿਗੁਰੁ ਨਾਨਕੁ ਜਿਨਿ ਕਲ ਰਾਖੀ ਮੇਰੀ॥ ੪॥੧੦॥੫੭॥		Sabh Thae Vaddaa Sathigur Naanak Jin Kal Raakhee Maeree ||4||10||57||	Guru Nanak is the greatest of all; He saved my honor in this Dark Age of Kali Yuga. ||4||10||57||	ਪਰ (ਤੇਰੀ ਮੇਹਰ ਨਾਲ) ਮੈਨੂੰ ਸਭ ਤੋਂ ਵੱਡਾ ਗੁਰੂ ਨਾਨਕ ਮਿਲ ਪਿਆ, ਜਿਸ ਨੇ ਮੇਰੀ ਲਾਜ ਰੱਖ ਲਈ (ਤੇ ਮੈਨੂੰ ਤੇਰੇ ਚਰਨਾਂ ਵਿਚ ਜੋੜ ਦਿੱਤਾ) ॥੪॥੧੦॥੫੭॥
32247	750	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32248	750	ਸਗਲ ਤਿਆਗਿ ਗੁਰ ਸਰਣੀ ਆਇਆ ਰਾਖਹੁ ਰਾਖਨਹਾਰੇ॥		Sagal Thiaag Gur Saranee Aaeiaa Raakhahu Raakhanehaarae ||	Renouncing everything I have come to the Guru's Sanctuary; save me O my Savior Lord!	ਹੇ ਰੱਖਿਆ ਕਰਨ ਦੇ ਸਮਰਥ ਪ੍ਰਭੂ! ਮੇਰੀ ਰੱਖਿਆ ਕਰ। ਮੈਂ ਸਾਰੇ (ਆਸਰੇ) ਛੱਡ ਕੇ ਗੁਰੂ ਦੀ ਸਰਨ ਆ ਪਿਆ ਹਾਂ।
32249	750	ਜਿਤੁ ਤੂ ਲਾਵਹਿ ਤਿਤੁ ਹਮ ਲਾਗਹ ਕਿਆ ਏਹਿ ਜੰਤ ਵਿਚਾਰੇ॥੧॥		Jith Thoo Laavehi Thith Ham Laageh Kiaa Eaehi Janth Vichaarae ||1||	Whatever You link me to, to that I am linked; what can this poor creature do? ||1||	ਹੇ ਪ੍ਰਭੂ! ਇਹਨਾਂ ਜੀਵਾਂ ਵਿਚਾਰਿਆਂ ਦੀ ਕੀਹ ਪਾਂਇਆਂ ਹੈ? ਤੂੰ ਜਿਸ ਕੰਮ ਵਿਚ ਅਸਾਂ ਜੀਵਾਂ ਨੂੰ ਲਾ ਦੇਂਦਾ ਹੈਂ, ਅਸੀਂ ਉਸ ਕੰਮ ਵਿਚ ਲੱਗ ਪੈਂਦੇ ਹਾਂ ॥੧॥
32250	750	ਮੇਰੇ ਰਾਮ ਜੀ ਤੂੰ ਪ੍ਰਭ ਅੰਤਰਜਾਮੀ॥		Maerae Raam Jee Thoon Prabh Antharajaamee ||	O my Dear Lord God, You are the Inner-knower, the Searcher of hearts.	ਹੇ ਮੇਰੇ ਰਾਮ ਜੀ! ਹੇ ਮੇਰੇ ਪ੍ਰਭੂ! ਤੂੰ (ਮੇਰੇ) ਦਿਲ ਦੀ ਜਾਣਨ ਵਾਲਾ ਹੈਂ।

32251	750	ਕਰਿ ਕਿਰਪਾ ਗੁਰਦੇਵ ਦਇਆਲਾ ਗੁਣ ਗਾਵਾ ਨਿਤ ਸੁਆਮੀ॥੧॥ਰਹਾਉ ॥		Kar Kirapaa Guradhaev Dhaeiaalaa Gun Gaavaa Nith Suaamee ||1|| Rehaao ||	Be Merciful to me, O Divine, Compassionate Guru, that I may constantly sing the Glorious Praises of my Lord and Master. ||1||Pause||	ਹੇ ਦਇਆ ਦੇ ਘਰ ਗੁਰਦੇਵ! ਹੇ ਸੁਆਮੀ! ਮੇਹਰ ਕਰ, ਮੈਂ ਸਦਾ ਤੇਰੇ ਗੁਣ ਗਾਂਦਾ ਰਹਾਂ ॥੧॥ ਰਹਾਉ ॥
32252	750	ਆਠ ਪਹਰ ਪ੍ਰਭੁ ਅਪਨਾ ਧਿਆਈਐ ਗੁਰ ਪ੍ਰਸਾਦਿ ਭਉ ਤਰੀਐ॥		Aath Pehar Prabh Apanaa Dhhiaaeeai Gur Prasaadh Bho Thareeai ||	Twenty-four hours a day, I meditate on my God; by Guru's Grace, I cross over the terrifying world-ocean.	ਹੇ ਭਾਈ! ਅੱਠੇ ਪਹਰ ਆਪਣੇ ਮਾਲਕ-ਪ੍ਰਭੂ ਦਾ ਧਿਆਨ ਧਰਨਾ ਚਾਹੀਦਾ ਹੈ, (ਇਸ ਤਰ੍ਹਾਂ) ਗੁਰੂ ਦੀ ਕਿਰਪਾ ਨਾਲ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ।
32253	750	ਆਪੁ ਤਿਆਗਿ ਹੋਈਐ ਸਭ ਰੇਣਾ ਜੀਵਤਿਆ ਇਉ ਮਰੀਐ॥੨॥		Aap Thiaag Hoeeai Sabh Raenaa Jeevathiaa Eio Mareeai ||2||	Renouncing self-conceit, I have become the dust of all men's feet; in this way, I die, while I am still alive. ||2||	ਹੇ ਭਾਈ! ਆਪਾ-ਭਾਵ ਛੱਡ ਕੇ ਗੁਰੂ ਦੇ ਚਰਨਾਂ ਦੀ ਧੂੜ ਬਣ ਜਾਣਾ ਚਾਹੀਦਾ ਹੈ, ਇਸ ਤਰ੍ਹਾਂ ਦੁਨੀਆ ਦੀ ਕਿਰਤ-ਕਾਰ ਕਰਦਿਆਂ ਹੀ ਨਿਰਮੋਹ ਹੋ ਜਾਈਦਾ ਹੈ ॥੨॥
32254	750	ਸਫਲ ਜਨਮੁ ਤਿਸ ਕਾ ਜਗ ਭੀਤਰਿ ਸਾਧਸੰਗਿ ਨਾਉ ਜਾਪੇ॥		Safal Janam This Kaa Jag Bheethar Saadhhasang Naao Jaapae ||	How fruitful is the life of that being in this world, who chants the Name in the Saadh Sangat, the Company of the Holy.	ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸੰਗਤਿ ਵਿਚ ਰਹਿ ਕੇ ਪਰਮਾਤਮਾ ਦਾ ਨਾਮ ਜਪਦਾ ਹੈ, ਜਗਤ ਵਿਚ ਉਸ ਦਾ ਜੀਵਨ ਕਾਮਯਾਬ ਹੋ ਜਾਂਦਾ ਹੈ।

32255	750	ਸਗਲ ਮਨੋਰਥ ਤਿਸ ਕੇ ਪੂਰਨ ਜਿਸੁ ਦਇਆ ਕਰੇ ਪ੍ਰਭੁ ਆਪੇ॥੩॥		Sagal Manorathh This Kae Pooran Jis Dhaeiaa Karae Prabh Aapae ||3||	All desires are fulfilled, for the one who is blessed with God's Kindness and Mercy. ||3||	ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਆਪ ਹੀ ਕਿਰਪਾ ਕਰਦਾ ਹੈ, ਉਸ ਦੀਆਂ ਸਾਰੀਆਂ ਮੁਰਾਦਾਂ ਪੂਰੀਆਂ ਹੋ ਜਾਂਦੀਆਂ ਹਨ ॥੩॥
32256	750	ਦੀਨ ਦਇਆਲ ਕ੍ਰਿਪਾਲ ਪ੍ਰਭ ਸੁਆਮੀ ਤੇਰੀ ਸਰਣਿ ਦਇਆਲਾ॥		Dheen Dhaeiaal Kirapaal Prabh Suaamee Thaeree Saran Dhaeiaalaa ||	O Merciful to the meek, Kind and Compassionate Lord God, I seek Your Sanctuary.	ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਹੇ ਕ੍ਰਿਪਾਲ! ਹੇ ਮਾਲਕ-ਪ੍ਰਭੂ! ਹੇ ਦਇਆ ਦੇ ਸੋਮੇ! ਮੈਂ ਤੇਰੀ ਸਰਨ ਆਇਆ ਹਾਂ!
32257	750	ਕਰਿ ਕਿਰਪਾ ਅਪਨਾ ਨਾਮੁ ਦੀਜੈ ਨਾਨਕ ਸਾਧ ਰਵਾਲਾ॥੪॥੧੧॥੫੮॥		Kar Kirapaa Apanaa Naam Dheejai Naanak Saadhh Ravaalaa ||4||11||58||	Take pity upon me, and bless me with Your Name. Nanak is the dust of the feet of the Holy. ||4||11||58||	ਹੇ ਨਾਨਕ! (ਆਖ-) ਮੇਹਰ ਕਰ, ਮੈਨੂੰ ਆਪਣਾ ਨਾਮ ਬਖ਼ਸ਼, ਗੁਰੂ ਦੇ ਚਰਨਾਂ ਦੀ ਧੂੜ ਦੇਹ ॥੪॥੧੧॥੫੮॥
32258	750	ਰਾਗੁ ਸੂਹੀ ਅਸਟਪਦੀਆ ਮਹਲਾ ੧ ਘਰੁ ੧	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Raag Soohee Asattapadheeaa Mehalaa 1 Ghar 1	Raag Soohee, Ashtapadee, First Mehl, First House:	ਰਾਗ ਸੂਹੀ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।

32259	750	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32260	750	ਸਭਿ ਅਵਗਣ ਮੈ ਗੁਣੁ ਨਹੀ ਕੋਈ॥		Sabh Avagan Mai Gun Nehee Koee ||	I am totally without virtue; I have no virtue at all.	ਮੇਰੇ ਅੰਦਰ ਸਾਰੇ ਔਗੁਣ ਹੀ ਹਨ, ਗੁਣ ਇੱਕ ਭੀ ਨਹੀਂ।
32261	750	ਕਿਉ ਕਰਿ ਕੰਤ ਮਿਲਾਵਾ ਹੋਈ॥੧॥		Kio Kar Kanth Milaavaa Hoee ||1||	How can I meet my Husband Lord? ||1||	(ਇਸ ਹਾਲਤ ਵਿਚ) ਮੈਨੂੰ ਖਸਮ-ਪ੍ਰਭੂ ਦਾ ਮਿਲਾਪ ਕਿਵੇਂ ਹੋ ਸਕਦਾ ਹੈ? ॥੧॥
32262	750	ਨਾ ਮੈ ਰੂਪੁ ਨ ਬੰਕੇ ਨੈਣਾ॥		Naa Mai Roop N Bankae Nainaa ||	I have no beauty, no enticing eyes.	ਨਾਹ ਮੇਰੀ (ਸੋਹਣੀ) ਸ਼ਕਲ ਹੈ, ਨਾਹ ਮੇਰੀਆਂ ਸੋਹਣੀਆਂ ਅੱਖਾਂ ਹਨ,
32263	750	ਨਾ ਕੁਲ ਢੰਗੁ ਨ ਮੀਠੇ ਬੈਣਾ॥੧॥ਰਹਾਉ॥		Naa Kul Dtang N Meethae Bainaa ||1|| Rehaao ||	I do not have a noble family, good manners or a sweet voice. ||1||Pause||	ਨਾਹ ਹੀ ਚੰਗੀ ਕੁਲ ਵਾਲਿਆਂ ਵਾਲਾ ਮੇਰਾ ਚੱਜ-ਆਚਾਰ ਹੈ, ਨਾਹ ਹੀ ਮੇਰੀ ਬੋਲੀ ਮਿੱਠੀ ਹੈ (ਮੈਂ ਫਿਰ ਕਿਵੇਂ ਪਤੀ-ਪ੍ਰਭੂ ਨੂੰ ਖ਼ੁਸ਼ ਕਰ ਸਕਾਂਗੀ?) ॥੧॥ ਰਹਾਉ ॥
32264	750	ਸਹਜਿ ਸੀਗਾਰ ਕਾਮਣਿ ਕਰਿ ਆਵੈ॥		Sehaj Seegaar Kaaman Kar Aavai ||	The soul-bride adorns herself with peace and poise.	ਜੇਹੜੀ ਜੀਵ-ਇਸਤ੍ਰੀ ਅਡੋਲ ਆਤਮਕ ਅਵਸਥਾ ਵਿਚ (ਟਿਕਦੀ ਹੈ, ਤੇ ਇਹ) ਹਾਰ ਸਿੰਗਾਰ ਕਰ ਕੇ (ਪ੍ਰਭੂ-ਪਤੀ ਦੇ ਦਰ ਤੇ) ਆਉਂਦੀ ਹੈ (ਉਹ ਪਤੀ-ਪ੍ਰਭੂ ਨੂੰ ਚੰਗੀ ਲੱਗਦੀ ਹੈ, ਤੇ)

32265	750	ਤਾ ਸੋਹਾਗਣਿ ਜਾ ਕੰਤੈ ਭਾਵੈ॥੨॥		Thaa Sohaagan Jaa Kanthai Bhaavai ||2||	But she is a happy soul-bride, only if her Husband Lord is pleased with her. ||2||	ਤਦੋਂ ਹੀ ਜੀਵ-ਇਸਤ੍ਰੀ ਭਾਗਾਂ ਵਾਲੀ ਹੈ ਜਦੋਂ ਉਹ ਕੰਤ-ਪ੍ਰਭੂ ਨੂੰ ਪਸੰਦ ਆਉਂਦੀ ਹੈ ॥੨॥
32266	750	ਨਾ ਤਿਸੁ ਰੂਪੁ ਨ ਰੇਖਿਆ ਕਾਈ॥		Naa This Roop N Raekhiaa Kaaee ||	He has no form or feature;	ਉਸ ਪਤੀ-ਪ੍ਰਭੂ ਦੀ (ਇਹਨੀਂ ਅੱਖੀਂ ਦਿੱਸਣ ਵਾਲੀ ਕੋਈ) ਸ਼ਕਲ ਨਹੀਂ ਹੈ ਉਸ ਦਾ ਕੋਈ ਚਿੰਨ੍ਹ ਭੀ ਨਹੀਂ (ਜਿਸ ਨੂੰ ਵੇਖ ਸਕੀਏ, ਤੇ ਉਸ ਦਾ ਸਿਮਰਨ ਕਰ ਸਕੀਏ।
32267	750	ਅੰਤਿ ਨ ਸਾਹਿਬੁ ਸਿਮਰਿਆ ਜਾਈ॥੩॥		Anth N Saahib Simariaa Jaaee ||3||	At the very last instant, he cannot suddenly be contemplated. ||3||	ਪਰ ਜੇ ਸਾਰੀ ਉਮਰ ਉਸ ਨੂੰ ਵਿਸਾਰੀ ਹੀ ਰੱਖਿਆ, ਤਾਂ) ਅੰਤ ਸਮੇ ਉਹ ਮਾਲਕ ਸਿਮਰਿਆ ਨਹੀਂ ਜਾ ਸਕਦਾ ॥੩॥
32268	750	ਸੁਰਤਿ ਮਤਿ ਨਾਹੀ ਚਤੁਰਾਈ॥		Surath Math Naahee Chathuraaee ||	I have no understanding, intellect or cleverness.	ਹੇ ਪ੍ਰਭੂ! (ਮੇਰੀ ਉੱਚੀ) ਸੁਰਤ ਨਹੀਂ, (ਮੇਰੇ ਵਿਚ ਕੋਈ) ਅਕਲ ਨਹੀਂ (ਕੋਈ) ਸਿਆਣਪ ਨਹੀਂ।
32269	750	ਕਰਿ ਕਿਰਪਾ ਪ੍ਰਭ ਲਾਵਹੁ ਪਾਈ॥੪॥		Kar Kirapaa Prabh Laavahu Paaee ||4||	Have Mercy upon me, God, and attach me to Your Feet. ||4||	(ਤੂੰ ਆਪ ਹੀ) ਮੇਹਰ ਕਰ ਕੇ ਮੈਨੂੰ ਆਪਣੀ ਚਰਨੀਂ ਲਾ ਲੈ ॥੪॥
32270	750	ਖਰੀ ਸਿਆਣੀ ਕੰਤ ਨ ਭਾਣੀ॥		Kharee Siaanee Kanth N Bhaanee ||	She may be very clever, but this does not please her Husband Lord.	ਉਹ (ਜੀਵ-ਇਸਤ੍ਰੀ ਦੁਨੀਆ ਦੇ ਕਾਰ-ਵਿਹਾਰ ਵਿਚ ਭਾਵੇਂ) ਬਹੁਤ ਸਿਆਣੀ (ਭੀ ਹੋਵੇ, ਪਰ) ਉਹ ਕੰਤ-ਪ੍ਰਭੂ ਨੂੰ ਚੰਗੀ ਨਹੀਂ ਲੱਗਦੀ,

32271	750	ਮਾਇਆ ਲਾਗੀ ਭਰਮਿ ਭੁਲਾਣੀ॥੫॥		Maaeiaa Laagee Bharam Bhulaanee ||5||	Attached to Maya, she is deluded by doubt. ||5||	ਜੇਹੜੀ ਮਾਇਆ (ਦੇ ਮੋਹ) ਵਿਚ ਫਸੀ ਰਹੇ, ਭਟਕਣਾ ਵਿਚ ਪੈ ਕੇ ਜੀਵਨ-ਰਾਹ ਤੋਂ ਖੁੰਝੀ ਰਹੇ ॥੫॥
32272	750	ਹਉਮੈ ਜਾਈ ਤਾ ਕੰਤ ਸਮਾਈ॥		Houmai Jaaee Thaa Kanth Samaaee ||	But if she gets rid of her ego, then she merges in her Husband Lord.	ਹੇ ਕੰਤ ਪ੍ਰਭੂ! ਜਦੋਂ ਹਉਮੈ ਦੂਰ ਹੋਵੇ ਤਦੋਂ ਹੀ (ਤੇਰੇ ਚਰਨਾਂ ਵਿਚ) ਲੀਨਤਾ ਹੋ ਸਕਦੀ ਹੈ।
32273	750	ਤਉ ਕਾਮਣਿ ਪਿਆਰੇ ਨਵ ਨਿਧਿ ਪਾਈ॥੬॥	ਕੱਾਮਣਿ	Tho Kaaman Piaarae Nav Nidhh Paaee ||6||	Only then can the soul-bride obtain the nine treasures of her Beloved. ||6||	ਤਦੋਂ ਹੀ, ਹੇ ਪਿਆਰੇ! ਜੀਵ-ਇਸਤ੍ਰੀ ਤੈਨੂੰ-ਨੌ ਖ਼ਜ਼ਾਨਿਆਂ ਦੇ ਸੋਮੇ ਨੂੰ-ਮਿਲ ਸਕਦੀ ਹੈ ॥੬॥
32274	750	ਅਨਿਕ ਜਨਮ ਬਿਛੁਰਤ ਦੁਖੁ ਪਾਇਆ॥		Anik Janam Bishhurath Dhukh Paaeiaa ||	Separated from You for countless incarnations, I have suffered in pain.	ਤੈਥੋਂ ਵਿਛੁੜ ਕੇ ਅਨੇਕਾਂ ਜੂਨਾਂ ਵਿਚ ਭਟਕ ਭਟਕ ਕੇ ਮੈਂ ਦੁੱਖ ਸਹਾਰਿਆ ਹੈ,
32275	750	ਕਰੁ ਗਹਿ ਲੇਹੁ ਪ੍ਰੀਤਮ ਪ੍ਰਭ ਰਾਇਆ॥੭॥		Kar Gehi Laehu Preetham Prabh Raaeiaa ||7||	Please take my hand, O my Beloved Sovereign Lord God. ||7||	ਹੇ ਪ੍ਰਭੂ ਰਾਇ! ਹੇ ਪ੍ਰੀਤਮ! ਹੁਣ ਤੂੰ ਮੇਰਾ ਹੱਥ ਫੜ ਲੈ ॥੭॥
32276	750	ਭਣਤਿ ਨਾਨਕੁ ਸਹੁ ਹੈ ਭੀ ਹੋਸੀ॥		Bhanath Naanak Sahu Hai Bhee Hosee ||	Prays Nanak, the Lord is, and shall always be.	ਨਾਨਕ ਬੇਨਤੀ ਕਰਦਾ ਹੈ-ਖਸਮ-ਪ੍ਰਭੂ (ਸਚ-ਮੁਚ ਮੌਜੂਦ) ਹੈ, ਸਦਾ ਹੀ ਰਹੇਗਾ।

32277	750	ਜੈ ਭਾਵੈ ਪਿਆਰਾ ਤੈ ਰਾਵੇਸੀ॥੮॥੧॥	ਰਾਵੇ-ਸੀ	Jai Bhaavai Piaaraa Thai Raavaesee ||8||1||	She alone is ravished and enjoyed, with whom the Beloved Lord is pleased. ||8||1||	ਜੇਹੜੀ ਜੀਵ-ਇਸਤ੍ਰੀ ਉਸ ਨੂੰ ਭਾਉਂਦੀ ਹੈ ਉਸ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ ॥੮॥੧॥
32278	751	ਸੂਹੀ ਮਹਲਾ ੧ ਘਰੁ ੯		Soohee Mehalaa 1 Ghar 9	Soohee, First Mehl, Ninth House:	ਰਾਗ ਸੂਹੀ, ਘਰ ੯ ਵਿੱਚ ਗੁਰੂ ਨਾਨਕਦੇਵ ਜੀ ਦੀ ਵਾਲੀ ਬਾਣੀ।
32279	751	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32280	751	ਕਚਾ ਰੰਗੁ ਕਸੁੰਭ ਕਾ ਥੋੜੜਿਆ ਦਿਨ ਚਾਰਿ ਜੀਉ॥	ਕ-ਸੁੰਭ	Kachaa Rang Kasunbh Kaa Thhorrarriaa Dhin Chaar Jeeo ||	The color of safflower is transitory; it lasts for only a few days.	(ਜੀਵ ਮਾਇਆ ਦੇ ਸੁਹਣੱਪ ਨੂੰ ਵੇਖ ਵੇਖ ਕੇ ਫੁੱਲਦਾ ਹੈ, ਪਰ ਇਹ ਮਾਇਆ ਦਾ ਸਾਥ ਕਸੁੰਭੇ ਦੇ ਰੰਗ ਵਰਗਾ ਹੀ ਹੈ) ਕਸੁੰਭੇ ਦੇ ਫੁੱਲ ਦਾ ਰੰਗ ਕੱਚਾ ਹੁੰਦਾ ਹੈ, ਥੋੜਾ ਚਿਰ ਹੀ ਰਹਿੰਦਾ ਹੈ, ਚਾਰ ਦਿਨ ਹੀ ਟਿਕਦਾ ਹੈ।
32281	751	ਵਿਣੁ ਨਾਵੈ ਭ੍ਰਮਿ ਭੁਲੀਆ ਠਗਿ ਮੁਠੀ ਕੂੜਿਆਰਿ ਜੀਉ॥		Vin Naavai Bhram Bhuleeaa Thag Muthee Koorriaar Jeeo ||	Without the Name, the false woman is deluded by doubt and plundered by thieves.	ਮਾਇਆ ਦੀ ਵਪਾਰਨ ਜੀਵ-ਇਸਤ੍ਰੀ ਪ੍ਰਭੂ-ਨਾਮ ਤੋਂ ਖੁੰਝ ਕੇ (ਮਾਇਆ-ਕਸੁੰਭੇ ਦੇ) ਭੁਲੇਖੇ ਵਿਚ ਕੁਰਾਹੇ ਪੈ ਜਾਂਦੀ ਹੈ, ਠੱਗੀ ਜਾਂਦੀ ਹੈ, ਤੇ ਇਸ ਦਾ ਆਤਮਕ ਜੀਵਨ (ਦਾ ਸਰਮਾਇਆ) ਲੁੱਟਿਆ ਜਾਂਦਾ ਹੈ।

32282	751	ਸਚੇ ਸੇਤੀ ਰਤਿਆ ਜਨਮੁ ਨ ਦੂਜੀ ਵਾਰ ਜੀਉ॥੧॥		Sachae Saethee Rathiaa Janam N Dhoojee Vaar Jeeo ||1||	But those who are attuned to the True Lord, are not reincarnated again. ||1||	ਹੇ ਭਾਈ! ਜੇ ਸਦਾ-ਥਿਰ ਪ੍ਰਭੂ ਦੇ ਪਿਆਰ-ਰੰਗ ਵਿਚ ਰੰਗੇ ਜਾਈਏ, ਤਾਂ ਮੁੜ ਮੁੜ ਜਨਮ (ਦਾ ਗੇੜ) ਮੁੱਕ ਜਾਂਦਾ ਹੈ ॥੧॥
32283	751	ਰੰਗੇ ਕਾ ਕਿਆ ਰੰਗੀਐ ਜੋ ਰਤੇ ਰੰਗੁ ਲਾਇ ਜੀਉ॥		Rangae Kaa Kiaa Rangeeai Jo Rathae Rang Laae Jeeo ||	How can one who is already dyed in the color of the Lord's Love, be colored any other color?	ਹੇ ਭਾਈ! ਜੇਹੜੇ ਬੰਦੇ ਪਰਮਾਤਮਾ ਦਾ ਪ੍ਰੇਮ-ਰੰਗ ਲਾ ਕੇ ਰੰਗੇ ਜਾਂਦੇ ਹਨ ਉਹਨਾਂ ਦੇ ਰੰਗੇ ਹੋਏ ਮਨ ਨੂੰ ਕਿਸੇ ਹੋਰ ਰੰਗ ਦੀ ਲੋੜ ਨਹੀਂ ਰਹਿ ਜਾਂਦੀ (ਨਾਮ ਵਿਚ ਰੱਤੇ ਨੂੰ) ਕਿਸੇ ਹੋਰ ਕਰਮ-ਸੁਹਜ ਦੀ ਮੁਥਾਜੀ ਨਹੀਂ ਰਹਿੰਦੀ।
32284	751	ਰੰਗਣ ਵਾਲਾ ਸੇਵੀਐ ਸਚੇ ਸਿਉ ਚਿਤੁ ਲਾਇ ਜੀਉ॥੧॥ਰਹਾਉ॥		Rangan Vaalaa Saeveeai Sachae Sio Chith Laae Jeeo ||1|| Rehaao ||	So serve God the Dyer, and focus your consciousness on the True Lord. ||1||Pause||	(ਪਰ ਇਹ ਨਾਮ-ਰੰਗ ਪਰਮਾਤਮਾ ਆਪ ਹੀ ਦੇਂਦਾ ਹੈ, ਸੋ) ਉਸ ਸਦਾ-ਥਿਰ ਰਹਿਣ ਵਾਲੇ ਨੂੰ ਤੇ (ਜੀਵਾਂ ਦੇ ਮਨ ਨੂੰ ਆਪਣੇ ਪ੍ਰੇਮ-ਰੰਗ ਨਾਲ) ਰੰਗਣ ਵਾਲੇ ਪ੍ਰਭੂ ਨੂੰ ਚਿੱਤ ਲਾ ਕੇ ਸਿਮਰਨਾ ਚਾਹੀਦਾ ਹੈ ॥੧॥ ਰਹਾਉ ॥
32285	751	ਚਾਰੇ ਕੁੰਡਾ ਜੇ ਭਵਹਿ ਬਿਨੁ ਭਾਗਾ ਧਨੁ ਨਾਹਿ ਜੀਉ॥		Chaarae Kunddaa Jae Bhavehi Bin Bhaagaa Dhhan Naahi Jeeo ||	You wander around in the four directions, but without the good fortune of destiny, you shall never obtain wealth.	ਹੇ ਜਿੰਦੇ! ਜੇ ਤੂੰ ਚਾਰੇ ਕੂੰਟਾਂ ਭਾਲਦੀ ਫਿਰੇਂ ਤਾਂ ਭੀ ਚੰਗੇ ਭਾਗਾਂ ਤੋਂ ਬਿਨਾ ਨਾਮ-ਧਨ ਨਹੀਂ ਲੱਭਦਾ।

32286	751	ਅਵਗਣਿ ਮੁਠੀ ਜੇ ਫਿਰਹਿ ਬਧਿਕ ਥਾਇ ਨ ਪਾਹਿ ਜੀਉ॥	ਬੱਧਿਕ	Avagan Muthee Jae Firehi Badhhik Thhaae N Paahi Jeeo ||	If you are plundered by corruption and vice, you shall wander around, but like a fugitive, you shall find no place of rest.	ਜੇ ਔਗੁਣ ਨੇ ਤੇਰੇ ਮਨ ਨੂੰ ਠੱਗ ਲਿਆ ਹੈ, ਤੇ ਜੇ ਇਸ ਆਤਮਕ ਦਸ਼ਾ ਵਿਚ ਤੂੰ (ਤੀਰਥ ਆਦਿਕਾਂ ਤੇ ਭੀ) ਫਿਰੇਂ, ਤਾਂ ਭੀ ਸ਼ਿਕਾਰੀ ਦੇ ਬਾਹਰੋਂ ਲਿਫਣ ਵਾਂਗ ਤੂੰ (ਆਪਣੇ ਇਹਨਾਂ ਉੱਦਮਾਂ ਦੀ ਰਾਹੀਂ) ਕਬੂਲ ਨਹੀਂ ਹੋਵੇਂਗੀ।
32287	751	ਗੁਰਿ ਰਾਖੇ ਸੇ ਉਬਰੇ ਸਬਦਿ ਰਤੇ ਮਨ ਮਾਹਿ ਜੀਉ ॥੨॥		Gur Raakhae Sae Oubarae Sabadh Rathae Man Maahi Jeeo ||2||	Only those who are protected by the Guru are saved; their minds are attuned to the Word of the Shabad. ||2||	ਜਿਨ੍ਹਾਂ ਦੀ ਗੁਰੂ ਨੇ ਰਾਖੀ ਕੀਤੀ, ਜੇਹੜੇ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮਨ ਵਿਚ ਪ੍ਰਭੂ-ਨਾਮ ਨਾਲ ਰੰਗੇ ਗਏ ਹਨ, ਉਹੀ (ਮਾਇਆ ਦੇ ਮੋਹ ਤੇ ਵਿਕਾਰਾਂ ਤੋਂ) ਬਚਦੇ ਹਨ ॥੨॥
32288	751	ਚਿਟੇ ਜਿਨ ਕੇ ਕਪੜੇ ਮੈਲੇ ਚਿਤ ਕਠੋਰ ਜੀਉ॥		Chittae Jin Kae Kaparrae Mailae Chith Kathor Jeeo ||	Those who wear white clothes, but have filthy and stone-hearted minds,	(ਬਗੁਲੇ ਵੇਖਣ ਨੂੰ ਚਿੱਟੇ ਹਨ, ਤੀਰਥਾਂ ਉਤੇ ਭੀ ਨਿਵਾਸ ਰੱਖਦੇ ਹਨ, ਪਰ ਸਮਾਧੀ ਲਾ ਕੇ ਮੱਛੀਆਂ ਹੀ ਫੜਦੇ ਹਨ, ਤਿਵੇਂ ਹੀ) ਜਿਨ੍ਹਾਂ ਦੇ ਕੱਪੜੇ ਤਾਂ ਚਿੱਟੇ ਹਨ ਪਰ ਮਨ ਮੈਲੇ ਹਨ ਤੇ ਨਿਰਦਈ ਹਨ,
32289	751	ਤਿਨ ਮੁਖਿ ਨਾਮੁ ਨ ਊਪਜੈ ਦੂਜੈ ਵਿਆਪੇ ਚੋਰ ਜੀਉ॥		Thin Mukh Naam N Oopajai Dhoojai Viaapae Chor Jeeo ||	May chant the Lord's Name with their mouths, but they are engrossed in duality; they are thieves.	ਉਹਨਾਂ ਦੇ ਮੂੰਹੋਂ (ਆਖਣ ਨਾਲ ਮਨ ਵਿਚ) ਪ੍ਰਭੂ ਦਾ ਨਾਮ ਪਰਗਟ ਨਹੀਂ ਹੁੰਦਾ ਉਹ (ਬਾਹਰੋਂ ਸਾਧ ਦਿੱਸਦੇ ਹਨ ਅਸਲ ਵਿਚ) ਚੋਰ ਹਨ, ਉਹ ਮਾਇਆ ਦੇ ਮੋਹ ਵਿਚ ਫਸੇ ਹੋਏ ਹਨ।

32290	751	ਮੂਲੁ ਨ ਬੂਝਹਿ ਆਪਣਾ ਸੇ ਪਸੂਆ ਸੇ ਢੋਰ ਜੀਉ॥੩॥		Mool N Boojhehi Aapanaa Sae Pasooaa Sae Dtor Jeeo ||3||	They do not understand their own roots; they are beasts. They are just animals! ||3||	ਉਹ ਆਪਣੇ ਅਸਲੇ ਪਰਮਾਤਮਾ ਨੂੰ ਨਹੀਂ ਪਛਾਣਦੇ, ਇਸ ਕਰਕੇ ਉਹ ਪਸ਼ੂ ਬੁਧੀ ਵਾਲੇ ਮਹਾਂ ਮੂਰਖ ਮਨੁੱਖ ਹਨ ॥੩॥
32291	751	ਨਿਤ ਨਿਤ ਖੁਸੀਆ ਮਨੁ ਕਰੇ ਨਿਤ ਨਿਤ ਮੰਗੈ ਸੁਖ ਜੀਉ॥		Nith Nith Khuseeaa Man Karae Nith Nith Mangai Sukh Jeeo ||	Constantly, continually, the mortal seeks pleasures. Constantly, continually, he begs for peace.	(ਮਾਇਆ-ਵੇੜ੍ਹੇ ਮਨੁੱਖ ਦਾ) ਮਨ ਸਦਾ ਦੁਨੀਆ ਵਾਲੇ ਚਾਉ-ਮਲ੍ਹਾਰ ਹੀ ਕਰਦਾ ਹੈ ਤੇ ਸਦਾ ਸੁਖ ਹੀ ਮੰਗਦਾ ਹੈ,
32292	751	ਕਰਤਾ ਚਿਤਿ ਨ ਆਵਈ ਫਿਰਿ ਫਿਰਿ ਲਗਹਿ ਦੁਖ ਜੀਉ॥		Karathaa Chith N Aavee Fir Fir Lagehi Dhukh Jeeo ||	But he does not think of the Creator Lord, and so he is overtaken by pain, again and again.	ਪਰ (ਜਿਤਨਾ ਚਿਰ) ਕਰਤਾਰ ਉਸ ਦੇ ਚਿੱਤ ਵਿਚ ਨਹੀਂ ਵੱਸਦਾ, ਉਸ ਨੂੰ ਮੁੜ ਮੁੜ ਦੁੱਖ ਵਿਆਪਦੇ ਰਹਿੰਦੇ ਹਨ।
32293	751	ਸੁਖ ਦੁਖ ਦਾਤਾ ਮਨਿ ਵਸੈ ਤਿਤੁ ਤਨਿ ਕੈਸੀ ਭੁਖ ਜੀਉ॥੪॥		Sukh Dhukh Dhaathaa Man Vasai Thith Than Kaisee Bhukh Jeeo ||4||	But one, within whose mind the Giver of pleasure and pain dwells - how can his body feel any need? ||4||	(ਹਾਂ,) ਜਿਸ ਮਨ ਵਿਚ ਸੁਖ ਦੁਖ ਦੇਣ ਵਾਲਾ ਪਰਮਾਤਮਾ ਵੱਸ ਪੈਂਦਾ ਹੈ, ਉਸ ਨੂੰ ਕੋਈ ਤ੍ਰਿਸ਼ਨਾ ਨਹੀਂ ਰਹਿ ਜਾਂਦੀ (ਤੇ ਉਹ ਸੁਖਾਂ ਦੀ ਲਾਲਸਾ ਨਹੀਂ ਕਰਦਾ) ॥੪॥

32294	751	ਬਾਕੀ ਵਾਲਾ ਤਲਬੀਐ ਸਿਰਿ ਮਾਰੇ ਜੰਦਾਰੁ ਜੀਉ॥	ਬੱਾਕੀ	Baakee Vaalaa Thalabeeai Sir Maarae Jandhaar Jeeo ||	One who has a karmic debt to pay off is summoned, and the Messenger of Death smashes his head.	(ਜੀਵ-ਵਣਜਾਰਾ ਇਥੇ ਨਾਮ ਦਾ ਵਣਜ ਕਰਨ ਆਇਆ ਹੈ, ਪਰ ਜੇਹੜਾ ਜੀਵ ਇਹ ਵਣਜ ਵਿਸਾਰ ਕੇ ਵਿਕਾਰਾਂ ਦਾ ਕਰਜ਼ਾ ਆਪਣੇ ਸਿਰ ਚਾੜ੍ਹਨ ਲੱਗ ਪੈਂਦਾ ਹੈ, ਉਸ) ਕਰਜ਼ਾਈ ਨੂੰ ਸੱਦਾ ਪੈਂਦਾ ਹੈ; ਜਮਰਾਜ ਉਸ ਦੇ ਸਿਰ ਉਤੇ ਚੋਟ ਮਾਰਦਾ ਹੈ।
32295	751	ਲੇਖਾ ਮੰਗੈ ਦੇਵਣਾ ਪੁਛੈ ਕਰਿ ਬੀਚਾਰੁ ਜੀਉ॥		Laekhaa Mangai Dhaevanaa Pushhai Kar Beechaar Jeeo ||	When his account is called for, it has to be given. After it is reviewed, payment is demanded.	ਉਸ ਦੇ ਸਾਰੇ ਕੀਤੇ ਕਰਮਾਂ ਦਾ ਵਿਚਾਰ ਕਰ ਕੇ ਉਸ ਤੋਂ ਪੁੱਛਦਾ ਹੈ ਤੇ ਉਸ ਤੋਂ ਉਹ ਲੇਖਾ ਮੰਗਦਾ ਹੈ ਜੋ (ਉਸ ਦੇ ਜ਼ਿੰਮੇ) ਦੇਣਾ ਬਣਦਾ ਹੈ।
32296	751	ਸਚੇ ਕੀ ਲਿਵ ਉਬਰੈ ਬਖਸੇ ਬਖਸਣਹਾਰੁ ਜੀਉ॥੫॥		Sachae Kee Liv Oubarai Bakhasae Bakhasanehaar Jeeo ||5||	Only love for the True One will save you; the Forgiver forgives. ||5||	ਜਿਸ ਜੀਵ ਵਣਜਾਰੇ ਦੇ ਅੰਦਰ ਸਦਾ-ਥਿਰ ਪ੍ਰਭੂ ਦੀ ਲਗਨ ਹੋਵੇ, ਉਹ ਜਮਰਾਜ ਦੀ ਮਾਰ ਤੋਂ ਬਚ ਜਾਂਦਾ ਹੈ, ਬਖ਼ਸ਼ਣਹਾਰ ਪ੍ਰਭੂ ਉਸ ਉਤੇ ਮੇਹਰ ਕਰਦਾ ਹੈ ॥੫॥
32297	751	ਅਨ ਕੋ ਕੀਜੈ ਮਿਤੜਾ ਖਾਕੁ ਰਲੈ ਮਰਿ ਜਾਇ ਜੀਉ॥	ਅਨਹੋਰ। ਕੋਨੂੰ। ਮਿੱਤੜਾ	An Ko Keejai Mitharraa Khaak Ralai Mar Jaae Jeeo ||	If you make any friend other than God, you shall die and mingle with the dust.	ਜੇ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਨੂੰ ਮਿੱਤਰ ਬਣਾਇਆ ਜਾਏ, ਤਾਂ (ਅਜੇਹੇ ਮਿੱਤਰ ਬਣਾਣ ਵਾਲਾ) ਮਿੱਟੀ ਵਿਚ ਰਲ ਜਾਂਦਾ ਹੈ ਆਤਮਕ ਮੌਤੇ ਮਰ ਜਾਂਦਾ ਹੈ।

32298	751	ਬਹੁ ਰੰਗ ਦੇਖਿ ਭੁਲਾਇਆ ਭੁਲਿ ਭੁਲਿ ਆਵੈ ਜਾਇ ਜੀਉ॥		Bahu Rang Dhaekh Bhulaaeiaa Bhul Bhul Aavai Jaae Jeeo ||	Gazing upon the many games of love, you are beguiled and bewildered; you come and go in reincarnation.	ਮਾਇਆ ਦੇ ਬਹੁਤੇ ਰੰਗ-ਤਮਾਸ਼ੇ ਵੇਖ ਕੇ ਉਹ ਕੁਰਾਹੇ ਪਾਇਆ ਜਾਂਦਾ ਹੈ, ਸਹੀ ਜੀਵਨ-ਰਾਹ ਤੋਂ ਖੁੰਝ ਖੁੰਝ ਕੇ ਉਹ ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ।
32299	751	ਨਦਰਿ ਪ੍ਰਭੂ ਤੇ ਛੁਟੀਐ ਨਦਰੀ ਮੇਲਿ ਮਿਲਾਇ ਜੀਉ॥੬॥		Nadhar Prabhoo Thae Shhutteeai Nadharee Mael Milaae Jeeo ||6||	Only by God's Grace can you be saved. By His Grace, He unites in His Union. ||6||	(ਇਸ ਗੇੜ ਵਿਚੋਂ) ਪਰਮਾਤਮਾ ਦੀ ਮੇਹਰ ਦੀ ਨਜ਼ਰ ਨਾਲ ਹੀ ਖ਼ਲਾਸੀ ਪਾਈਦੀ ਹੈ, ਉਹ ਪ੍ਰਭੂ ਮੇਹਰ ਦੀ ਨਿਗਾਹ ਨਾਲ (ਗੁਰੂ-ਚਰਨਾਂ ਵਿਚ) ਮਿਲਾ ਕੇ ਆਪਣੇ ਨਾਲ ਮਿਲਾ ਲੈਂਦਾ ਹੈ ॥੬॥
32300	751	ਗਾਫਲ ਗਿਆਨ ਵਿਹੂਣਿਆ ਗੁਰ ਬਿਨੁ ਗਿਆਨੁ ਨ ਭਾਲਿ ਜੀਉ॥		Gaafal Giaan Vihooniaa Gur Bin Giaan N Bhaal Jeeo ||	O careless one, you are totally lacking any wisdom; do not seek wisdom without the Guru.	ਹੇ ਅਵੇਸਲੇ ਤੇ ਗਿਆਨ-ਹੀਣ ਜੀਵ! ਗੁਰੂ ਦੀ ਸਰਨ ਪੈਣ ਤੋਂ ਬਿਨਾ ਪਰਮਾਤਮਾ ਨਾਲ ਡੂੰਘੀ ਸਾਂਝ ਦੀ ਆਸ ਵਿਅਰਥ ਹੈ।
32301	751	ਖਿੰਚੋਤਾਣਿ ਵਿਗੁਚੀਐ ਬੁਰਾ ਭਲਾ ਦੁਇ ਨਾਲਿ ਜੀਉ॥	ਵਿਗੁੱਚੀਐ	Khinchothaan Vigucheeai Buraa Bhalaa Dhue Naal Jeeo ||	By indecision and inner conflict, you shall come to ruin. Good and bad both pull at you.	ਕੀਤੇ ਹੋਏ ਚੰਗੇ ਮੰਦੇ ਕਰਮਾਂ ਦੇ ਸੰਸਕਾਰ ਤਾਂ ਹਰ ਵੇਲੇ ਅੰਦਰ ਮੌਜੂਦ ਹੀ ਹਨ, (ਜੇ ਗੁਰੂ ਦੀ ਸਰਨ ਨਾਹ ਪਈਏ, ਤਾਂ ਉਹ ਅੰਦਰਲੇ ਚੰਗੇ ਮੰਦੇ ਸੰਸਕਾਰ ਚੰਗੇ ਮੰਦੇ ਪਾਸੇ ਖਿੱਚਦੇ ਹਨ) ਤੇ ਇਸ ਖਿੱਚਾ-ਖਿੱਚੀ ਵਿਚ ਖ਼ੁਆਰ ਹੋਵੀਦਾ ਹੈ।

32302	751	ਬਿਨੁ ਸਬਦੈ ਭੈ ਰਤਿਆ ਸਭ ਜੋਹੀ ਜਮਕਾਲਿ ਜੀਉ॥੭॥		Bin Sabadhai Bhai Rathiaa Sabh Johee Jamakaal Jeeo ||7||	Without being attuned to the Word of the Shabad and the Fear of God, all come under the gaze of the Messenger of Death. ||7||	ਗੁਰ-ਸ਼ਬਦ ਦਾ ਆਸਰਾ ਲੈਣ ਤੋਂ ਬਿਨਾ ਲੋਕਾਈ (ਦੁਨੀਆ ਵਾਲੇ) ਸਹਿਮ ਵਿਚ ਗ੍ਰਸੀ ਰਹਿੰਦੀ ਹੈ, ਅਜੇਹੀ ਲੋਕਾਈ ਨੂੰ ਆਤਮਕ ਮੌਤ ਨੇ (ਹਰ ਵੇਲੇ) ਆਪਣੀ ਤੱਕ ਵਿਚ ਰੱਖਿਆ ਹੁੰਦਾ ਹੈ ॥੭॥
32303	751	ਜਿਨਿ ਕਰਿ ਕਾਰਣੁ ਧਾਰਿਆ ਸਭਸੈ ਦੇਇ ਆਧਾਰੁ ਜੀਉ॥		Jin Kar Kaaran Dhhaariaa Sabhasai Dhaee Aadhhaar Jeeo ||	He who created the creation and sustains it, gives sustenance to all.	ਜਿਸ ਕਰਤਾਰ ਨੇ ਇਹ ਸ੍ਰਿਸ਼ਟੀ ਰਚੀ ਹੈ, ਤੇ ਰਚ ਕੇ ਇਸ ਨੂੰ ਟਿਕਾਇਆ ਹੋਇਆ ਹੈ, ਉਹ ਹਰੇਕ ਜੀਵ ਨੂੰ ਆਸਰਾ ਦੇ ਰਿਹਾ ਹੈ।
32304	751	ਸੋ ਕਿਉ ਮਨਹੁ ਵਿਸਾਰੀਐ ਸਦਾ ਸਦਾ ਦਾਤਾਰੁ ਜੀਉ॥		So Kio Manahu Visaareeai Sadhaa Sadhaa Dhaathaar Jeeo ||	How can you forget Him from your mind? He is the Great Giver, forever and ever.	ਉਸ ਨੂੰ ਕਦੇ ਭੀ ਮਨ ਤੋਂ ਭੁਲਾਣਾ ਨਹੀਂ, ਉਹ ਸਦਾ ਹੀ ਸਭ ਨੂੰ ਦਾਤਾਂ ਦੇਣ ਵਾਲਾ ਹੈ।
32305	751	ਨਾਨਕ ਨਾਮੁ ਨ ਵੀਸਰੈ ਨਿਧਾਰਾ ਆਧਾਰੁ ਜੀਉ॥੮॥੧॥੨॥		Naanak Naam N Veesarai Nidhhaaraa Aadhhaar Jeeo ||8||1||2||	Nanak shall never forget the Naam, the Name of the Lord, the Support of the unsupported. ||8||1||2||	ਹੇ ਨਾਨਕ! (ਅਰਦਾਸ ਕਰ ਕਿ) ਪਰਮਾਤਮਾ ਦਾ ਨਾਮ ਕਦੇ ਨਾਹ ਭੁੱਲੇ। ਪਰਮਾਤਮਾ ਨਿਆਸਰਿਆਂ ਦਾ ਆਸਰਾ ਹੈ ॥੮॥੧॥੨॥
32306	751	ਸੂਹੀ ਮਹਲਾ ੧ ਕਾਫੀ ਘਰੁ ੧੦		Soohee Mehalaa 1 Kaafee Ghar 10	Soohee, First Mehl, Kaafee, Tenth House:	ਰਾਗ ਸੂਹੀ/ਕਾਫੀ, ਘਰ ੧੦ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।

32307	751	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32308	751	ਮਾਣਸ ਜਨਮੁ ਦੁਲੰਭੁ ਗੁਰਮੁਖਿ ਪਾਇਆ॥	ਦੁ-ਲੰਭੁ	Maanas Janam Dhulanbh Guramukh Paaeiaa ||	For if you depart with virtue, then pain shall never afflict you. ||5||	(ਚੌਰਾਸੀ ਲੱਖ ਜੂਨਾਂ ਵਿਚੋਂ) ਮਨੁੱਖਾ ਜਨਮ ਬੜੀ ਮੁਸ਼ਕਲ ਨਾਲ ਮਿਲਦਾ ਹੈ, ਪਰ ਇਸ ਦੀ ਕਦਰ ਉਹੀ ਮਨੁੱਖ ਜਾਣਦਾ ਹੈ ਜੋ ਗੁਰੂ ਦੀ ਸਰਨ ਪਏ।
32309	751	ਮਨੁ ਤਨੁ ਹੋਇ ਚੁਲੰਭੁ ਜੇ ਸਤਿਗੁਰ ਭਾਇਆ॥੧॥	ਚੁ-ਲੰਭੁ	Man Than Hoe Chulanbh Jae Sathigur Bhaaeiaa ||1||	The mind and body are dyed in the deep red color of devotional love, if it pleases the True Guru. ||1||	ਜੇ ਸਤਿਗੁਰੂ ਨੂੰ ਚੰਗਾ ਲੱਗੇ (ਭਾਵ, ਜੇ ਗੁਰੂ ਦੀ ਕਿਰਪਾ ਹੋ ਜਾਏ) ਤਾਂ (ਸਰਨ ਪਏ ਉਸ ਮਨੁੱਖ ਦਾ) ਮਨ ਅਤੇ ਸਰੀਰ (ਪ੍ਰਭੂ ਦੇ ਪ੍ਰੇਮ-ਰੰਗ ਨਾਲ) ਗੂੜ੍ਹਾ ਲਾਲ ਹੋ ਜਾਂਦਾ ਹੈ (ਨਾਮ ਦੀ ਬਰਕਤਿ ਨਾਲ ਉਸ ਨੂੰ ਲਾਲੀ ਚੜ੍ਹੀ ਰਹਿੰਦੀ ਹੈ) ॥੧॥
32310	751	ਚਲੈ ਜਨਮੁ ਸਵਾਰਿ ਵਖਰੁ ਸਚੁ ਲੈ॥		Chalai Janam Savaar Vakhar Sach Lai ||	He departs with his life embellished and successful, taking the merchandise of the True Name.	ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਦਾ ਨਾਮ-ਸੌਦਾ ਵਿਹਾਝਦਾ ਹੈ ਉਹ ਆਪਣਾ ਜੀਵਨ ਸੋਹਣਾ ਬਣਾ ਕੇ (ਇਥੋਂ) ਤੁਰਦਾ ਹੈ।

32311	751	ਪਤਿ ਪਾਏ ਦਰਬਾਰਿ ਸਤਿਗੁਰ ਸਬਦਿ ਭੈ॥੧॥ਰਹਾਉ॥		Path Paaeae Dharabaar Sathigur Sabadh Bhai ||1|| Rehaao ||	He is honored in the Darbaar, the Royal Court, of the Lord, through the Shabad, the Word of the True Guru, and the Fear of God. ||1||Pause||	ਸਤਿਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਦੇ) ਡਰ ਅਦਬ ਵਿਚ (ਰਹਿ ਕੇ) ਉਹ (ਪਰਮਾਤਮਾ ਦੀ) ਦਰਗਾਹ ਵਿਚ ਇੱਜ਼ਤ ਹਾਸਲ ਕਰਦਾ ਹੈ ॥੧॥ ਰਹਾਉ ॥
32312	751	ਮਨਿ ਤਨਿ ਸਚੁ ਸਲਾਹਿ ਸਾਚੇ ਮਨਿ ਭਾਇਆ॥		Man Than Sach Salaahi Saachae Man Bhaaeiaa ||	One who praises the True Lord with his mind and body, pleases the Mind of the True Lord.	ਉਹ ਮਨੁੱਖ ਆਪਣੇ ਮਨ ਅਤੇ ਸਰੀਰ ਦੀ ਰਾਹੀਂ ਸਦਾ-ਥਿਰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰ ਕੇ ਸਦਾ-ਥਿਰ ਪ੍ਰਭੂ ਦੇ ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ,
32313	752	ਲਾਲਿ ਰਤਾ ਮਨੁ ਮਾਨਿਆ ਗੁਰੁ ਪੂਰਾ ਪਾਇਆ॥੨॥		Laal Rathaa Man Maaniaa Gur Pooraa Paaeiaa ||2||	Attuned to the Beloved Lord, the mind is appeased, and finds the Perfect Guru. ||2||	ਜਿਸ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ। ਪ੍ਰਭੂ-ਨਾਮ ਦੀ ਲਾਲੀ ਵਿਚ ਮਸਤ ਹੋਇਆ ਉਸ ਦਾ ਮਨ ਉਸ ਲਾਲੀ ਵਿਚ ਗਿੱਝ ਜਾਂਦਾ ਹੈ (ਉਸ ਤੋਂ ਬਿਨਾ ਰਹਿ ਨਹੀਂ ਸਕਦਾ) ॥੨॥
32314	752	ਹਉ ਜੀਵਾ ਗੁਣ ਸਾਰਿ ਅੰਤਰਿ ਤੂ ਵਸੈ॥		Ho Jeevaa Gun Saar Anthar Thoo Vasai ||	I live, by cherishing Your Glorious Virtues; You dwell deep within me.	ਹੇ ਪ੍ਰਭੂ! ਤੇਰੇ ਗੁਣ ਚੇਤੇ ਕਰ ਕਰ ਕੇ ਮੇਰੇ ਅੰਦਰ ਆਤਮਕ ਜੀਵਨ ਮੌਲ ਪਏ, ਮੇਰੇ ਅੰਦਰ "ਤੂ ਹੀ ਤੂ" ਦੀ ਧੁਨ ਲੱਗ ਪਏ।
32315	752	ਤੂੰ ਵਸਹਿ ਮਨ ਮਾਹਿ ਸਹਜੇ ਰਸਿ ਰਸੈ॥੩॥		Thoon Vasehi Man Maahi Sehajae Ras Rasai ||3||	You dwell within my mind, and so it naturally celebrates in joyful delight. ||3||	ਜੇ ਤੂੰ ਮੇਰੇ ਮਨ ਵਿਚ ਵੱਸ ਪਏਂ, ਤਾਂ ਮੇਰਾ ਮਨ ਅਡੋਲ ਅਵਸਥਾ ਵਿਚ ਟਿਕ ਕੇ ਤੇਰੇ ਨਾਮ ਦੇ ਸੁਆਦ ਵਿਚ ਭਿੱਜ ਜਾਏ ॥੩॥

32316	752	ਮੂਰਖ ਮਨ ਸਮਝਾਇ ਆਖਉ ਕੇਤੜਾ॥		Moorakh Man Samajhaae Aakho Kaetharraa ||	O my foolish mind, how can I teach and instruct you?	ਹੇ ਮੇਰੇ ਮੂਰਖ ਮਨ! ਮੈਂ ਤੈਨੂੰ ਕਿਤਨਾ ਕੁ ਸਮਝਾ ਸਮਝਾ ਕੇ ਦੱਸਾਂ,
32317	752	ਗੁਰਮੁਖਿ ਹਰਿ ਗੁਣ ਗਾਇ ਰੰਗਿ ਰੰਗੇਤੜਾ॥੪॥		Guramukh Har Gun Gaae Rang Rangaetharraa ||4||	As Gurmukh, sing the Glorious Praises of the Lord, and so become attuned to His Love. ||4||	ਕਿ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰ, ਪਰਮਾਤਮਾ ਦੇ ਨਾਮ-ਰੰਗ ਵਿਚ ਰੰਗਿਆ ਜਾ (ਤੇ ਇਸ ਤਰ੍ਹਾਂ ਆਪਣਾ ਜਨਮ ਮਰਨ ਸੋਹਣਾ ਬਣਾ ਲੈ) ॥੪॥
32318	752	ਨਿਤ ਨਿਤ ਰਿਦੈ ਸਮਾਲਿ ਪ੍ਰੀਤਮੁ ਆਪਣਾ॥		Nith Nith Ridhai Samaal Preetham Aapanaa ||	Continually, continuously, remember and cherish your Beloved Lord in your heart.	ਹੇ ਭਾਈ! ਆਪਣੇ ਪ੍ਰੀਤਮ ਪ੍ਰਭੂ ਨੂੰ ਸਦਾ ਆਪਣੇ ਹਿਰਦੇ ਵਿਚ ਸਾਂਭ ਕੇ ਰੱਖ।
32319	752	ਜੇ ਚਲਹਿ ਗੁਣ ਨਾਲਿ ਨਾਹੀ ਦੁਖੁ ਸੰਤਾਪਣਾ॥੫॥		Jae Chalehi Gun Naal Naahee Dhukh Santhaapanaa ||5||	For if you depart with virtue, then pain shall never afflict you. ||5||	ਜੇ ਤੂੰ (ਪ੍ਰਭੂ ਦੀ ਭਗਤੀ ਵਾਲੇ ਚੰਗੇ) ਗੁਣ ਨਾਲ ਲੈ ਕੇ (ਜੀਵਨ ਸਫ਼ਰ ਵਿਚ) ਤੁਰੇਂ ਤਾਂ ਕੋਈ ਦੁੱਖ ਕਲੇਸ਼ ਤੈਨੂੰ ਪੋਹ ਨਹੀਂ ਸਕੇਗਾ ॥੫॥
32320	752	ਮਨਮੁਖ ਭਰਮਿ ਭੁਲਾਣਾ ਨਾ ਤਿਸੁ ਰੰਗੁ ਹੈ॥		Manamukh Bharam Bhulaanaa Naa This Rang Hai ||	The self-willed manmukh wanders around, deluded by doubt; he does not enshrine love for the Lord.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ ਮਨ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ, ਉਸ ਨੂੰ ਪਰਮਾਤਮਾ ਦੇ ਨਾਮ ਦੀ ਲਾਲੀ ਨਹੀਂ ਚੜ੍ਹਦੀ।

32321	752	ਮਰਸੀ ਹੋਇ ਵਿਡਾਣਾ ਮਨਿ ਤਨਿ ਭੰਗੁ ਹੈ॥੬॥		Marasee Hoe Viddaanaa Man Than Bhang Hai ||6||	He dies as a stranger to his own self, and his mind and body are spoiled. ||6||	ਉਹ ਨਿਖਸਮਾ ਹੋ ਕੇ ਆਤਮਕ ਮੌਤ ਸਹੇੜਦਾ ਹੈ, ਉਸ ਦੇ ਮਨ ਵਿਚ ਉਸ ਦੇ ਸਰੀਰ ਵਿਚ (ਪਰਮਾਤਮਾ ਨਾਲੋਂ) ਵਿਛੋੜਾ ਬਣਿਆ ਰਹਿੰਦਾ ਹੈ ॥੬॥
32322	752	ਗੁਰ ਕੀ ਕਾਰ ਕਮਾਇ ਲਾਹਾ ਘਰਿ ਆਣਿਆ॥		Gur Kee Kaar Kamaae Laahaa Ghar Aaniaa ||	Performing service to the Guru, you shall go home with the profit.	ਜਿਸ ਮਨੁੱਖ ਨੇ ਗੁਰੂ ਦੀ ਦੱਸੀ ਕਾਰ (ਭਗਤੀ) ਕਰ ਕੇ (ਭਗਤੀ ਦਾ) ਲਾਭ ਆਪਣੇ ਹਿਰਦੇ-ਘਰ ਵਿਚ ਲੈ ਆਂਦਾ,
32323	752	ਗੁਰਬਾਣੀ ਨਿਰਬਾਣੁ ਸਬਦਿ ਪਛਾਣਿਆ॥੭॥		Gurabaanee Nirabaan Sabadh Pashhaaniaa ||7||	Through the Word of the Guru's Bani, and the Shabad, the Word of God, the state of Nirvaanaa is attained. ||7||	ਉਸ ਨੇ ਗੁਰੂ ਦੀ ਬਾਣੀ ਦੀ ਬਰਕਤਿ ਨਾਲ ਗੁਰੂ ਦੇ ਸ਼ਬਦ ਵਿਚ ਜੁੜ ਕੇ ਵਾਸਨਾ-ਰਹਿਤ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ ॥੭॥
32324	752	ਇਕ ਨਾਨਕ ਕੀ ਅਰਦਾਸਿ ਜੇ ਤੁਧੁ ਭਾਵਸੀ॥		Eik Naanak Kee Aradhaas Jae Thudhh Bhaavasee ||	Nanak makes this one prayer: if it pleases Your Will,	ਹੇ ਪ੍ਰਭੂ! ਮੇਰੀ ਨਾਨਕ ਦੀ ਅਰਦਾਸ ਭੀ ਇਹੀ ਹੈ ਜੇ ਤੈਨੂੰ ਇਹ ਪਸੰਦ ਆ ਜਾਏ,
32325	752	ਮੈ ਦੀਜੈ ਨਾਮ ਨਿਵਾਸੁ ਹਰਿ ਗੁਣ ਗਾਵਸੀ॥੮॥੧॥੩॥		Mai Dheejai Naam Nivaas Har Gun Gaavasee ||8||1||3||	Bless me with a home in Your Name, Lord, that I may sing Your Glorious Praises. ||8||1||3||	ਤਾਂ ਮੇਰੇ ਹਿਰਦੇ ਵਿਚ ਆਪਣੇ ਨਾਮ ਦਾ ਨਿਵਾਸ ਕਰ ਦੇਹ ਤਾ ਕਿ ਮੈਂ ਤੇਰੇ ਗੁਣ ਗਾਂਦਾ ਰਹਾਂ ॥੮॥੧॥੩॥
32326	752	ਸੂਹੀ ਮਹਲਾ ੧॥		Soohee Mehalaa 1 ||	Soohee, First Mehl:	

32327	752	ਜਿਉ ਆਰਣਿ ਲੋਹਾ ਪਾਇ ਭੰਨਿ ਘੜਾਈਐ॥		Jio Aaran Lohaa Paae Bhann Gharraaeeai ||	As iron is melted in the forge and re-shaped,	ਜਿਵੇਂ ਭੱਠੀ ਵਿਚ ਲੋਹਾ ਪਾ ਕੇ (ਤੇ) ਗਾਲ ਕੇ (ਨਵੇਂ ਸਿਰੇ) ਘੜਿਆ ਜਾਂਦਾ ਹੈ (ਲੋਹੇ ਤੋਂ ਕੰਮ ਆਉਣ ਵਾਲੀਆਂ ਚੀਜ਼ਾਂ ਬਣਾਈਆਂ ਜਾਂਦੀਆਂ ਹਨ)
32328	752	ਤਿਉ ਸਾਕਤੁ ਜੋਨੀ ਪਾਇ ਭਵੈ ਭਵਾਈਐ॥੧॥		Thio Saakath Jonee Paae Bhavai Bhavaaeeai ||1||	So is the godless materialist reincarnated, and forced to wander aimlessly. ||1||	ਤਿਵੇਂ ਮਾਇਆ-ਵੇੜ੍ਹਿਆ ਜੀਵ ਜੂਨਾਂ ਵਿਚ ਪਾਇਆ ਜਾਂਦਾ ਹੈ, ਜਨਮ ਮਰਨ ਦੇ ਗੇੜ ਵਿਚ ਪਾਇਆ ਹੋਇਆ ਗੇੜ ਵਿਚ ਚੱਕਰ ਲਾਂਦਾ ਹੈ (ਤੇ ਆਖ਼ਿਰ ਗੁਰੂ ਦੀ ਮੇਹਰ ਨਾਲ ਸੁਮਤਿ ਸਿੱਖਦਾ ਹੈ) ॥੧॥
32329	752	ਬਿਨੁ ਬੂਝੇ ਸਭੁ ਦੁਖੁ ਦੁਖੁ ਕਮਾਵਣਾ॥		Bin Boojhae Sabh Dhukh Dhukh Kamaavanaa ||	Without understanding, everything is suffering, earning only more suffering.	(ਸਹੀ ਜੀਵਨ-ਜਾਚ) ਸਮਝਣ ਤੋਂ ਬਿਨਾ ਮਨੁੱਖ (ਜੇਹੜਾ ਭੀ) ਕਰਮ ਕਰਦਾ ਹੈ ਦੁੱਖ (ਪੈਦਾ ਕਰਨ ਵਾਲਾ ਕਰਦਾ ਹੈ) ਦੁੱਖ ਹੀ ਦੁੱਖ (ਸਹੇੜਦਾ ਹੈ)।
32330	752	ਹਉਮੈ ਆਵੈ ਜਾਇ ਭਰਮਿ ਭੁਲਾਵਣਾ॥੧॥ਰਹਾਉ ॥		Houmai Aavai Jaae Bharam Bhulaavanaa ||1|| Rehaao ||	In his ego, he comes and goes, wandering in confusion, deluded by doubt. ||1||Pause||	ਹਉਮੈ ਦੇ ਕਾਰਨ ਮਨੁੱਖ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ, ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ ॥੧॥ ਰਹਾਉ ॥
32331	752	ਤੂੰ ਗੁਰਮੁਖਿ ਰਖਣਹਾਰੁ ਹਰਿ ਨਾਮੁ ਧਿਆਈਐ॥		Thoon Guramukh Rakhanehaar Har Naam Dhhiaaeeai ||	You save those who are Gurmukh, O Lord, through meditation on Your Naam.	ਹੇ ਪ੍ਰਭੂ! (ਭਟਕ ਭਟਕ ਕੇ ਆਖ਼ਿਰ) ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਤੂੰ ਉਸ ਨੂੰ (ਚੌਰਾਸੀ ਦੇ ਗੇੜ ਤੋਂ) ਬਚਾਂਦਾ ਹੈਂ; ਉਹ, ਹੇ ਪ੍ਰਭੂ! ਤੇਰਾ ਨਾਮ ਸਿਮਰਦਾ ਹੈ।

32332	752	ਮੇਲਹਿ ਤੁਝਹਿ ਰਜਾਇ ਸਬਦੁ ਕਮਾਈਐ॥੨॥		Maelehi Thujhehi Rajaae Sabadh Kamaaeeai ||2||	You blend with Yourself, by Your Will, those who practice the Word of the Shabad. ||2||	ਗੁਰੂ (ਭੀ) ਤੂੰ ਆਪਣੀ ਰਜ਼ਾ ਅਨੁਸਾਰ ਹੀ ਮਿਲਾਂਦਾ ਹੈਂ (ਜਿਸ ਨੂੰ ਮਿਲਦਾ ਹੈ) ਉਹ ਗੁਰੂ ਦੇ ਸ਼ਬਦ ਨੂੰ ਕਮਾਂਦਾ ਹੈ (ਗੁਰ-ਸ਼ਬਦ ਅਨੁਸਾਰ ਆਚਰਨ ਬਣਾਂਦਾ ਹੈ) ॥੨॥
32333	752	ਤੂੰ ਕਰਿ ਕਰਿ ਵੇਖਹਿ ਆਪਿ ਦੇਹਿ ਸੁ ਪਾਈਐ॥		Thoon Kar Kar Vaekhehi Aap Dhaehi S Paaeeai ||	You created the Creation, and You Yourself gaze upon it; whatever You give, is received.	ਹੇ ਪ੍ਰਭੂ! ਜੀਵ ਪੈਦਾ ਕਰ ਕੇ ਇਹਨਾਂ ਦੀ ਸੰਭਾਲ ਭੀ ਤੂੰ ਆਪ ਹੀ ਕਰਦਾ ਹੈਂ। ਜੋ ਕੁਝ ਤੂੰ ਦੇਂਦਾ ਹੈਂ ਉਹੀ ਜੀਵਾਂ ਨੂੰ ਮਿਲਦਾ ਹੈ।
32334	752	ਤੂ ਦੇਖਹਿ ਥਾਪਿ ਉਥਾਪਿ ਦਰਿ ਬੀਨਾਈਐ॥੩॥	ਬੀਨਾਈਐਚੁਣ ਕੇ	Thoo Dhaekhehi Thhaap Outhhaap Dhar Beenaaeeai ||3||	You watch, establish and disestablish; You keep all in Your vision at Your Door. ||3||	ਤੂੰ ਆਪ ਪੈਦਾ ਕਰਦਾ ਹੈਂ ਆਪ ਨਾਸ ਕਰਦਾ ਹੈਂ, ਸਭ ਦੀ ਤੂੰ ਆਪਣੀ ਨਿਗਰਾਨੀ ਵਿਚ ਸੰਭਾਲ ਕਰਦਾ ਹੈਂ ॥੩॥
32335	752	ਦੇਹੀ ਹੋਵਗਿ ਖਾਕੁ ਪਵਣੁ ਉਡਾਈਐ॥		Dhaehee Hovag Khaak Pavan Ouddaaeeai ||	The body shall turn to dust, and the soul shall fly away.	ਜਦੋਂ (ਸਰੀਰ ਵਿਚੋਂ) ਸੁਆਸ ਨਿਕਲ ਜਾਂਦਾ ਹੈ ਤਾਂ ਸਰੀਰ ਮਿੱਟੀ ਹੋ ਜਾਂਦਾ ਹੈ।
32336	752	ਇਹੁ ਕਿਥੈ ਘਰੁ ਅਉਤਾਕੁ ਮਹਲੁ ਨ ਪਾਈਐ॥੪॥	(ਅਉਤਾਕੁ)ਬੈਠਕਾਂ	Eihu Kithhai Ghar Aouthaak Mehal N Paaeeai ||4||	So where are their homes and resting places now? They do not find the Mansion of the Lord's Presence, either. ||4||	(ਜਿਨ੍ਹਾਂ ਮਹਲ ਮਾੜੀਆਂ ਦਾ ਮਨੁੱਖ ਮਾਣ ਕਰਦਾ ਹੈ) ਫਿਰ ਨਾਹ ਇਹ ਘਰ ਇਸ ਨੂੰ ਮਿਲਦਾ ਹੈ ਨਾਹ ਬੈਠਕ ਮਿਲਦੀ ਹੈ ਤੇ ਨਾਹ ਇਹ ਮਹਲ ਮਿਲਦਾ ਹੈ ॥੪॥

32337	752	ਦਿਹੁ ਦੀਵੀ ਅੰਧ ਘੋਰੁ ਘਬੁ ਮੁਹਾਈਐ॥	(ਘੱਬੁ)ਘਰ। (ਮੁਹਾਈਐ)ਲੁੱਟਾ ਉਂਦੇ	Dhihu Dheevee Andhh Ghor Ghab Muhaaeeai ||	In the pitch darkness of broad daylight, their wealth is being plundered.	(ਸਹੀ ਜੀਵਨ-ਜਾਚ ਸਮਝਣ ਤੋਂ ਬਿਨਾ) ਜੀਵ ਆਪਣਾ ਘਰ ਦਾ ਮਾਲ (ਆਤਮਕ ਸਰਮਾਇਆ) ਲੁਟਾਈ ਜਾਂਦਾ ਹੈ, ਚਿੱਟਾ ਦਿਨ ਹੁੰਦਿਆਂ (ਇਸ ਦੇ ਭਾ ਦਾ) ਘੁੱਪ ਹਨੇਰਾ ਬਣਿਆ ਰਹਿੰਦਾ ਹੈ।
32338	752	ਗਰਬਿ ਮੁਸੈ ਘਰੁ ਚੋਰੁ ਕਿਸੁ ਰੂਆਈਐ॥੫॥	ਹੰਕਾਰ ਚੋਰ, ਘਰੁ (ਮੁੱਸੈ)ਲੁਟੱਦਾ। ਕਿਸ ਅੱਗੇ (ਰੂਆਈਐ)ਫ਼ਰਿਆਦ ਕਰੀਏ	Garab Musai Ghar Chor Kis Rooaaeeai ||5||	Pride is looting their homes like a thief; where can they file their complaint? ||5||	ਅਹੰਕਾਰ ਵਿਚ (ਗ਼ਾਫ਼ਲ ਰਹਿਣ ਕਰਕੇ ਮੋਹ-ਰੂਪ) ਚੋਰ ਇਸ ਦੇ ਘਰ (ਆਤਮਕ ਸਰਮਾਏ) ਨੂੰ ਲੁੱਟਦਾ ਜਾਂਦਾ ਹੈ। (ਸਮਝ ਹੀ ਨਹੀਂ) ਕਿਸ ਪਾਸ ਸ਼ਿਕਾਇਤ ਕਰੇ? ॥੫॥
32339	752	ਗੁਰਮੁਖਿ ਚੋਰੁ ਨ ਲਾਗਿ ਹਰਿ ਨਾਮਿ ਜਗਾਈਐ॥		Guramukh Chor N Laag Har Naam Jagaaeeai ||	The thief does not break into the home of the Gurmukh; he is awake in the Name of the Lord.	ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਸ (ਦੇ ਸਰਮਾਏ) ਨੂੰ ਚੋਰ ਨਹੀਂ ਪੈਂਦਾ, ਗੁਰੂ ਉਸ ਨੂੰ ਪਰਮਾਤਮਾ ਦੇ ਨਾਮ ਦੀ ਰਾਹੀਂ (ਆਤਮਕ ਸਰਮਾਏ ਦੇ ਚੋਰ ਵਲੋਂ) ਸੁਚੇਤ ਰੱਖਦਾ ਹੈ।
32340	752	ਸਬਦਿ ਨਿਵਾਰੀ ਆਗਿ ਜੋਤਿ ਦੀਪਾਈਐ॥੬॥	(ਦੀਪਾਈਐ)ਪ੍ਰਕਾਸ਼ਦੀ ਹੈ	Sabadh Nivaaree Aag Joth Dheepaaeeai ||6||	The Word of the Shabad puts out the fire of desire; God's Light illuminates and enlightens. ||6||	ਗੁਰੂ ਆਪਣੇ ਸ਼ਬਦ ਨਾਲ (ਉਸ ਦੇ ਅੰਦਰੋਂ ਤ੍ਰਿਸ਼ਨਾ-) ਅੱਗ ਬੁਝਾ ਦੇਂਦਾ ਹੈ, ਤੇ ਰੱਬੀ ਜੋਤਿ ਜਗਾ ਦੇਂਦਾ ਹੈ ॥੬॥

32341	752	ਲਾਲੁ ਰਤਨੁ ਹਰਿ ਨਾਮੁ ਗੁਰਿ ਸੁਰਤਿ ਬੁਝਾਈਐ॥	ਬੁੱਝਾਈਐ	Laal Rathan Har Naam Gur Surath Bujhaaeeai ||	The Naam, the Name of the Lord, is a jewel, a ruby; the Guru has taught me the Word of the Shabad.	ਪਰਮਾਤਮਾ ਦਾ ਨਾਮ (ਹੀ) ਲਾਲ ਹੈ ਰਤਨ ਹੈ (ਸਰਨ ਪਏ ਸਿੱਖ ਨੂੰ) ਗੁਰੂ ਨੇ ਇਹ ਸੂਝ ਦੇ ਦਿੱਤੀ ਹੁੰਦੀ ਹੈ (ਇਸ ਵਾਸਤੇ ਉਸ ਨੂੰ ਤ੍ਰਿਸ਼ਨਾ-ਅੱਗ ਨਹੀਂ ਪੋਹਦੀ)।
32342	752	ਸਦਾ ਰਹੈ ਨਿਹਕਾਮੁ ਜੇ ਗੁਰਮਤਿ ਪਾਈਐ॥੭॥		Sadhaa Rehai Nihakaam Jae Guramath Paaeeai ||7||	One who follows the Guru's Teachings remains forever free of desire. ||7||	ਜੇ ਮਨੁੱਖ ਗੁਰੂ ਦੀ ਸਿਖਿਆ ਪ੍ਰਾਪਤ ਕਰ ਲਏ ਤਾਂ ਉਹ ਸਦਾ (ਮਾਇਆ ਦੀ) ਵਾਸਨਾ ਤੋਂ ਬਚਿਆ ਰਹਿੰਦਾ ਹੈ ॥੭॥
32343	752	ਰਾਤਿ ਦਿਹੈ ਹਰਿ ਨਾਉ ਮੰਨਿ ਵਸਾਈਐ॥		Raath Dhihai Har Naao Mann Vasaaeeai ||	Night and day, enshrine the Lord's Name within your mind.	ਹੇ ਹਰੀ! ਰਾਤ ਦਿਨ (ਹਰ ਵੇਲੇ) ਤੇਰਾ ਨਾਮ ਮਨ ਵਿਚ ਵਸਾਇਆ ਜਾ ਸਕੇ,
32344	752	ਨਾਨਕ ਮੇਲਿ ਮਿਲਾਇ ਜੇ ਤੁਧੁ ਭਾਈਐ॥੮॥੨॥੪॥		Naanak Mael Milaae Jae Thudhh Bhaaeeai ||8||2||4||	Please unite Nanak in Union, O Lord, if it is pleasing to Your Will. ||8||2||4||	ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰ-ਹੇ ਪ੍ਰਭੂ!) ਜੇ ਤੈਨੂੰ ਭਾਵੇ (ਤਾਂ ਮੇਹਰ ਕਰ, ਤੇ) ਆਪਣੀ ਸੰਗਤਿ ਵਿਚ ਮਿਲਾ ॥੮॥੨॥੪॥
32345	752	ਸੂਹੀ ਮਹਲਾ ੧॥		Soohee Mehalaa 1 ||	Soohee, First Mehl:	

32346	752	ਮਨਹੁ ਨ ਨਾਮੁ ਵਿਸਾਰਿ ਅਹਿ ਨਿਸਿ ਧਿਆਈਐ॥		Manahu N Naam Visaar Ahinis Dhhiaaeeai ||	Never forget the Naam, the Name of the Lord, from your mind; night and day, meditate on it.	(ਹੇ ਜਿੰਦੇ!) ਪਰਮਾਤਮਾ ਦੇ ਨਾਮ ਨੂੰ ਮਨ ਤੋਂ ਨਾਹ ਭੁਲਾ। ਦਿਨ ਰਾਤ-ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ।
32347	752	ਜਿਉ ਰਾਖਹਿ ਕਿਰਪਾ ਧਾਰਿ ਤਿਵੈ ਸੁਖੁ ਪਾਈਐ॥੧॥		Jio Raakhehi Kirapaa Dhhaar Thivai Sukh Paaeeai ||1||	As You keep me, in Your Merciful Grace, so do I find peace. ||1||	ਹੇ ਪ੍ਰਭੂ! ਜਿਵੇਂ ਮੇਹਰ ਕਰ ਕੇ ਤੂੰ ਮੈਨੂੰ (ਮਾਇਆ ਦੇ ਮੋਹ ਤੋਂ) ਬਚਾਏ, ਤਿਵੇਂ ਮੈਨੂੰ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ॥੧॥
32348	752	ਮੈ ਅੰਧੁਲੇ ਹਰਿ ਨਾਮੁ ਲਕੁਟੀ ਟੋਹਣੀ॥		Mai Andhhulae Har Naam Lakuttee Ttohanee ||	I am blind, and the Lord's Name is my cane.	ਮੈਨੂੰ (ਮਾਇਆ ਦੇ ਮੋਹ ਵਿਚ) ਅੰਨ੍ਹੇ ਨੂੰ ਪਰਮਾਤਮਾ ਦਾ ਨਾਮ ਡੰਗੋਰੀ (ਦਾ ਕੰਮ ਦੇਂਦਾ) ਹੈ, (ਮੇਰੇ ਲਈ) ਟੋਹਣੀ ਹੈ (ਜਿਸ ਨਾਲ ਟੋਹ ਟੋਹ ਕੇ ਮੈਂ ਜੀਵਨ ਦਾ ਸਹੀ ਰਸਤਾ ਲੱਭਦਾ ਹਾਂ)।
32349	752	ਰਹਉ ਸਾਹਿਬ ਕੀ ਟੇਕ ਨ ਮੋਹੈ ਮੋਹਣੀ॥੧॥ਰਹਾਉ॥		Reho Saahib Kee Ttaek N Mohai Mohanee ||1|| Rehaao ||	I remain under the Sheltering Support of my Lord and Master; I am not enticed by Maya the enticer. ||1||Pause||	(ਜਦੋਂ) ਮੈਂ ਮਾਲਕ-ਪ੍ਰਭੂ ਦੇ ਆਸਰੇ ਰਹਿੰਦਾ ਹਾਂ ਤਾਂ ਮਨ ਨੂੰ ਮੋਹਣ ਵਾਲੀ ਮਾਇਆ ਮੋਹ ਨਹੀਂ ਸਕਦੀ ॥੧॥ ਰਹਾਉ ॥
32350	752	ਜਹ ਦੇਖਉ ਤਹ ਨਾਲਿ ਗੁਰਿ ਦੇਖਾਲਿਆ॥		Jeh Dhaekho Theh Naal Gur Dhaekhaaliaa ||	Wherever I look, there the Guru has shown me that God is always with me.	(ਹੇ ਪ੍ਰਭੂ!) ਜਿਧਰ ਮੈਂ ਵੇਖਦਾ ਹਾਂ ਉਧਰ ਹੀ ਗੁਰੂ ਨੇ ਮੈਨੂੰ ਵਿਖਾ ਦਿੱਤਾ ਹੈ ਕਿ ਤੂੰ ਮੇਰੇ ਨਾਲ ਹੀ ਹੈਂ।

32351	752	ਅੰਤਰਿ ਬਾਹਰਿ ਭਾਲਿ ਸਬਦਿ ਨਿਹਾਲਿਆ॥੨॥		Anthar Baahar Bhaal Sabadh Nihaaliaa ||2||	Searching inwardly and outwardly as well, I came to see Him, through the Word of the Shabad. ||2||	ਬਾਹਰ ਲੱਭ ਲੱਭ ਕੇ ਹੁਣ ਗੁਰੂ ਦੇ ਸ਼ਬਦ ਦੀ ਰਾਹੀਂ ਮੈਂ ਤੈਨੂੰ ਆਪਣੇ ਅੰਦਰ ਵੇਖ ਲਿਆ ਹੈ ॥੨॥
32352	752	ਸੇਵੀ ਸਤਿਗੁਰ ਭਾਇ ਨਾਮੁ ਨਿਰੰਜਨਾ॥		Saevee Sathigur Bhaae Naam Niranjanaa ||	So serve the True Guru with love, through the Immaculate Naam, the Name of the Lord.	ਹੇ ਮਾਇਆ-ਰਹਿਤ ਪ੍ਰਭੂ! ਗੁਰੂ ਦੇ ਅਨੁਸਾਰ ਰਹਿ ਕੇ ਮੈਂ ਤੇਰਾ ਨਾਮ ਸਿਮਰਦਾ ਹਾਂ।
32353	752	ਤੁਧੁ ਭਾਵੈ ਤਿਵੈ ਰਜਾਇ ਭਰਮੁ ਭਉ ਭੰਜਨਾ॥੩॥		Thudhh Bhaavai Thivai Rajaae Bharam Bho Bhanjanaa ||3||	As it pleases You, so by Your Will, You destroy my doubts and fears. ||3||	ਹੇ ਭਰਮ ਤੇ ਭਉ ਨਾਸ ਕਰਨ ਵਾਲੇ ਪ੍ਰਭੂ! ਜੋ ਕੁਝ ਤੈਨੂੰ ਚੰਗਾ ਲੱਗਦਾ ਹੈ ਮੈਂ ਉਸੇ ਨੂੰ ਤੇਰੀ ਰਜ਼ਾ ਸਮਝਦਾ ਹਾਂ ॥੩॥
32354	752	ਜਨਮਤ ਹੀ ਦੁਖੁ ਲਾਗੈ ਮਰਣਾ ਆਇ ਕੈ॥		Janamath Hee Dhukh Laagai Maranaa Aae Kai ||	At the very moment of birth, he is afflicted with pain, and in the end, he comes only to die.	(ਜੇ ਪ੍ਰਭੂ ਦਾ ਨਾਮ ਵਿਸਾਰ ਦੇਈਏ ਤਾਂ) ਜੰਮਦਿਆਂ ਹੀ ਜਗਤ ਵਿਚ ਆਉਂਦਿਆਂ ਹੀ ਆਤਮਕ ਮੌਤ ਦਾ ਦੁੱਖ ਆ ਵਾਪਰਦਾ ਹੈ।
32355	752	ਜਨਮੁ ਮਰਣੁ ਪਰਵਾਣੁ ਹਰਿ ਗੁਣ ਗਾਇ ਕੈ॥੪॥		Janam Maran Paravaan Har Gun Gaae Kai ||4||	Birth and death are validated and approved, singing the Glorious Praises of the Lord. ||4||	ਪਰਮਾਤਮਾ ਦੇ ਗੁਣ ਗਾ ਕੇ ਸਾਰਾ ਹੀ ਜੀਵਨ ਸਫਲਾ ਹੋ ਜਾਂਦਾ ਹੈ ॥੪॥

32356	752	ਹਉ ਨਾਹੀ ਤੂ ਹੋਵਹਿ ਤੁਧ ਹੀ ਸਾਜਿਆ॥		Ho Naahee Thoo Hovehi Thudhh Hee Saajiaa ||	When there is no ego, there You are; You fashioned all of this.	ਹੇ ਪ੍ਰਭੂ! ਜਿਸ ਜੀਵ ਨੂੰ ਤੂੰ ਗੁਰੂ ਦੇ ਸ਼ਬਦ ਵਿਚ ਜੋੜ ਕੇ ਨਿਵਾਜਦਾ ਹੈਂ ਜਿਸ ਦੇ ਅੰਦਰ ਤੂੰ (ਪਰਗਟ) ਹੁੰਦਾ ਹੈਂ ਉਸ ਦੇ ਅੰਦਰ 'ਹਉਮੈ' ਨਹੀਂ ਰਹਿ ਜਾਂਦੀ।
32357	753	ਆਪੇ ਥਾਪਿ ਉਥਾਪਿ ਸਬਦਿ ਨਿਵਾਜਿਆ॥੫॥		Aapae Thhaap Outhhaap Sabadh Nivaajiaa ||5||	You Yourself establish and disestablish; through the Word of Your Shabad, You elevate and exalt. ||5||	ਤੂੰ ਹੀ (ਸਾਰਾ ਜਗਤ) ਪੈਦਾ ਕੀਤਾ ਹੈ, ਤੂੰ ਆਪ ਹੀ ਪੈਦਾ ਕਰਦਾ ਹੈਂ ਆਪ ਹੀ ਨਾਸ ਕਰਦਾ ਹੈਂ ॥੫॥
32358	753	ਦੇਹੀ ਭਸਮ ਰੁਲਾਇ ਨ ਜਾਪੀ ਕਹ ਗਇਆ॥		Dhaehee Bhasam Rulaae N Jaapee Keh Gaeiaa ||	When the body rolls in the dust, it is not known where the soul has gone.	ਜੀਵਾਤਮਾ (ਆਪਣੇ ਸਰੀਰ ਨੂੰ ਛੱਡ ਕੇ) ਸਰੀਰ ਨੂੰ ਮਿੱਟੀ ਵਿਚ ਰੁਲਾ ਕੇ, ਪਤਾ ਨਹੀਂ ਲੱਗਦਾ, ਕਿੱਥੇ ਚਲਾ ਜਾਂਦਾ ਹੈ।
32359	753	ਆਪੇ ਰਹਿਆ ਸਮਾਇ ਸੋ ਵਿਸਮਾਦੁ ਭਇਆ॥੬॥		Aapae Rehiaa Samaae So Visamaadh Bhaeiaa ||6||	He Himself is permeating and pervading; this is wonderful and amazing! ||6||	ਅਚਰਜ ਕੌਤਕ ਵਰਤਦਾ ਹੈ। (ਪਰ ਹੇ ਪ੍ਰਭੂ!) ਤੂੰ ਆਪ ਹੀ ਹਰ ਥਾਂ ਮੌਜੂਦ ਹੈਂ ॥੬॥
32360	753	ਤੂੰ ਨਾਹੀ ਪ੍ਰਭ ਦੂਰਿ ਜਾਣਹਿ ਸਭ ਤੂਹੈ॥		Thoon Naahee Prabh Dhoor Jaanehi Sabh Thoo Hai ||	You are not far away, God; You know everything.	ਹੇ ਪ੍ਰਭੂ! ਤੂੰ (ਕਿਸੇ ਭੀ ਥਾਂ ਤੋਂ) ਦੂਰ ਨਹੀਂ ਹੈਂ, ਹਰ ਥਾਂ ਤੂੰ ਹੀ ਤੂੰ ਹੈਂ।

32361	753	ਗੁਰਮੁਖਿ ਵੇਖਿ ਹਦੂਰਿ ਅੰਤਰਿ ਭੀ ਤੂਹੈ॥੭॥		Guramukh Vaekh Hadhoor Anthar Bhee Thoo Hai ||7||	The Gurmukh sees You ever-present; You are deep within the nucleus of our inner self. ||7||	ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ ਉਹ ਜਾਣਦੇ ਹਨ ਕਿ ਅੰਦਰ ਭੀ ਤੂੰ ਹੈਂ (ਬਾਹਰ ਭੀ ਤੂੰ ਹੈਂ) ਤੈਨੂੰ ਉਹ ਹਰ ਥਾਂ ਹਾਜ਼ਰ-ਨਾਜ਼ਰ ਵੇਖਦੇ ਹਨ ॥੭॥
32362	753	ਮੈ ਦੀਜੈ ਨਾਮ ਨਿਵਾਸੁ ਅੰਤਰਿ ਸਾਂਤਿ ਹੋਇ॥		Mai Dheejai Naam Nivaas Anthar Saanth Hoe ||	Please, bless me with a home in Your Name; may my inner self be at peace.	ਹੇ ਨਾਨਕ! (ਅਰਦਾਸ ਕਰ-ਹੇ ਪ੍ਰਭੂ!) ਮੇਰੇ ਅੰਦਰ ਆਪਣੇ ਨਾਮ ਦਾ ਨਿਵਾਸ ਬਖ਼ਸ਼, ਤਾ ਕਿ ਮੇਰੇ ਅੰਦਰ ਸ਼ਾਂਤੀ ਪੈਦਾ ਹੋਵੇ।
32363	753	ਗੁਣ ਗਾਵੈ ਨਾਨਕ ਦਾਸੁ ਸਤਿਗੁਰੁ ਮਤਿ ਦੇਇ॥੮॥੩॥੫॥		Gun Gaavai Naanak Dhaas Sathigur Math Dhaee ||8||3||5||	May slave Nanak sing Your Glorious Praises; O True Guru, please share the Teachings with me. ||8||3||5||	(ਤੇਰੀ ਮੇਹਰ ਨਾਲ) ਜਿਸ ਨੂੰ ਸਤਿਗੁਰੂ ਸਿੱਖਿਆ ਦੇਂਦਾ ਹੈ, ਉਹ ਦਾਸ (ਤੇਰੇ) ਗੁਣ ਗਾਂਦਾ ਹੈ ॥੮॥੩॥੫॥
32364	753	ਰਾਗੁ ਸੂਹੀ ਮਹਲਾ ੩ ਘਰੁ ੧ ਅਸਟਪਦੀਆ	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Raag Soohee Mehalaa 3 Ghar 1 Asattapadheeaa	Raag Soohee, Third Mehl, First House, Ashtapadees:	ਰਾਗ ਸੂਹੀ, ਘਰ ੧ ਵਿੱਚ ਗੁਰੂ ਅਮਰਦਾਸ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
32365	753	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

32366	753	ਨਾਮੈ ਹੀ ਤੇ ਸਭੁ ਕਿਛੁ ਹੋਆ ਬਿਨੁ ਸਤਿਗੁਰ ਨਾਮੁ ਨ ਜਾਪੈ॥		Naamai Hee Thae Sabh Kishh Hoaa Bin Sathigur Naam N Jaapai ||	Everything comes from the Naam, the Name of the Lord; without the True Guru, the Naam is not experienced.	ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਸਭ ਕੁਝ (ਸਾਰਾ ਰੌਸ਼ਨ ਆਤਮਕ ਜੀਵਨ) ਹੁੰਦਾ ਹੈ, ਪਰ ਗੁਰੂ ਦੀ ਸਰਨ ਪੈਣ ਤੋਂ ਬਿਨਾ ਨਾਮ ਦੀ ਕਦਰ ਨਹੀਂ ਪੈਂਦੀ।
32367	753	ਗੁਰ ਕਾ ਸਬਦੁ ਮਹਾ ਰਸੁ ਮੀਠਾ ਬਿਨੁ ਚਾਖੇ ਸਾਦੁ ਨ ਜਾਪੈ॥		Gur Kaa Sabadh Mehaa Ras Meethaa Bin Chaakhae Saadh N Jaapai ||	The Word of the Guru's Shabad is the sweetest and most sublime essence, but without tasting it, its flavor cannot be experienced.	ਗੁਰੂ ਦਾ ਸ਼ਬਦ ਵੱਡੇ ਰਸ ਵਾਲਾ ਹੈ ਮਿੱਠਾ ਹੈ, ਜਿਤਨਾ ਚਿਰ ਇਸ ਨੂੰ ਚੱਖਿਆ ਨਾਹ ਜਾਏ, ਸੁਆਦ ਦਾ ਪਤਾ ਨਹੀਂ ਲੱਗ ਸਕਦਾ।
32368	753	ਕਉਡੀ ਬਦਲੈ ਜਨਮੁ ਗਵਾਇਆ ਚੀਨਸਿ ਨਾਹੀ ਆਪੈ॥		Kouddee Badhalai Janam Gavaaeiaa Cheenas Naahee Aapai ||	He wastes this human life in exchange for a mere shell; he does not understand his own self.	ਜੇਹੜਾ ਮਨੁੱਖ (ਗੁਰੂ ਦੇ ਸ਼ਬਦ ਦੀ ਰਾਹੀਂ) ਆਪਣੇ ਆਤਮਕ ਜੀਵਨ ਨੂੰ ਪਛਾਣਦਾ ਨਹੀਂ, ਉਹ ਆਪਣੇ ਮਨੁੱਖਾ ਜਨਮ ਨੂੰ ਕੌਡੀ ਦੇ ਵੱਟੇ (ਵਿਅਰਥ ਹੀ) ਗਵਾ ਲੈਂਦਾ ਹੈ।
32369	753	ਗੁਰਮੁਖਿ ਹੋਵੈ ਤਾ ਏਕੋ ਜਾਣੈ ਹਉਮੈ ਦੁਖੁ ਨ ਸੰਤਾਪੈ॥੧॥		Guramukh Hovai Thaa Eaeko Jaanai Houmai Dhukh N Santhaapai ||1||	But, if he becomes Gurmukh, then he comes to know the One Lord, and the disease of egotism does not afflict him. ||1||	ਜਦੋਂ ਮਨੁੱਖ ਗੁਰੂ ਦੇ ਦੱਸੇ ਰਾਹ ਉਤੇ ਤੁਰਦਾ ਹੈ, ਤਦੋਂ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ, ਤੇ, ਉਸ ਨੂੰ ਹਉਮੈ ਦਾ ਦੁੱਖ ਨਹੀਂ ਸਤਾ ਸਕਦਾ ॥੧॥

32370	753	ਬਲਿਹਾਰੀ ਗੁਰ ਅਪਣੇ ਵਿਟਹੁ ਜਿਨਿ ਸਾਚੇ ਸਿਉ ਲਿਵ ਲਾਈ॥		Balihaaree Gur Apanae Vittahu Jin Saachae Sio Liv Laaee ||	I am a sacrifice to my Guru, who has lovingly attached me to the True Lord.	ਹੇ ਭਾਈ! ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਨੇ (ਸਰਨ ਆਏ ਮਨੁੱਖ ਦੀ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨਾਲ ਪ੍ਰੀਤ ਜੋੜ ਦਿੱਤੀ (ਭਾਵ, ਜੋੜ ਦੇਂਦਾ ਹੈ)।
32371	753	ਸਬਦੁ ਚੀਨ੍ਹਿ ਆਤਮੁ ਪਰਗਾਸਿਆ ਸਹਜੇ ਰਹਿਆ ਸਮਾਈ॥੧॥ਰਹਾਉ॥		Sabadh Cheenih Aatham Paragaasiaa Sehajae Rehiaa Samaaee ||1|| Rehaao ||	Concentrating on the Word of the Shabad, the soul is illumined and enlightened. I remain absorbed in celestial ecstasy. ||1||Pause||	ਗੁਰੂ ਦੇ ਸ਼ਬਦ ਨਾਲ ਸਾਂਝ ਪਾ ਕੇ ਮਨੁੱਖ ਦਾ ਆਤਮਕ ਜੀਵਨ ਚਮਕ ਪੈਂਦਾ ਹੈ, ਮਨੁੱਖ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ॥੧॥ ਰਹਾਉ ॥
32372	753	ਗੁਰਮੁਖਿ ਗਾਵੈ ਗੁਰਮੁਖਿ ਬੂਝੈ ਗੁਰਮੁਖਿ ਸਬਦੁ ਬੀਚਾਰੇ॥		Guramukh Gaavai Guramukh Boojhai Guramukh Sabadh Beechaarae ||	The Gurmukh sings the Praises of the Lord; the Gurmukh understands. The Gurmukh contemplates the Word of the Shabad.	ਹੇ ਭਾਈ! ਗੁਰੂ ਦੀ ਸਰਨ ਪੈਣ ਵਾਲਾ ਮਨੁੱਖ ਗੁਰੂ ਦੇ ਸ਼ਬਦ ਨੂੰ ਗਾਂਦਾ ਰਹਿੰਦਾ ਹੈ, ਗੁਰੂ ਦੇ ਸ਼ਬਦ ਨੂੰ ਸਮਝਦਾ ਹੈ, ਗੁਰੂ ਦੇ ਸ਼ਬਦ ਨੂੰ ਵਿਚਾਰਦਾ ਹੈ।
32373	753	ਜੀਉ ਪਿੰਡੁ ਸਭੁ ਗੁਰ ਤੇ ਉਪਜੈ ਗੁਰਮੁਖਿ ਕਾਰਜ ਸਵਾਰੇ॥		Jeeo Pindd Sabh Gur Thae Oupajai Guramukh Kaaraj Savaarae ||	Body and soul are totally rejuvenated through the Guru; the Gurmukh's affairs are resolved in his favor.	ਉਸ ਮਨੁੱਖ ਦੀ ਜਿੰਦ ਉਸ ਦਾ ਸਰੀਰ ਗੁਰੂ ਦੀ ਬਰਕਤਿ ਨਾਲ ਨਵਾਂ ਆਤਮਕ ਜਨਮ ਲੈਂਦਾ ਹੈ, ਗੁਰੂ ਦੀ ਸਰਨ ਪੈ ਕੇ ਉਹ ਆਪਣੇ ਸਾਰੇ ਕੰਮ ਸਵਾਰ ਲੈਂਦਾ ਹੈ।

32374	753	ਮਨਮੁਖਿ ਅੰਧਾ ਅੰਧੁ ਕਮਾਵੈ ਬਿਖੁ ਖਟੇ ਸੰਸਾਰੇ॥		Manamukh Andhhaa Andhh Kamaavai Bikh Khattae Sansaarae ||	The blind self-willed manmukh acts blindly, and earns only poison in this world.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਰਹਿੰਦਾ ਹੈ, ਉਹ ਸਦਾ ਅੰਨ੍ਹਿਆਂ ਵਾਲਾ ਕੰਮ ਹੀ ਕਰਦਾ ਰਹਿੰਦਾ ਹੈ, ਜਗਤ ਵਿਚ ਉਹ ਉਹੀ ਖੱਟੀ ਖੱਟਦਾ ਹੈ ਜੇਹੜੀ ਉਸ ਦੇ ਆਤਮਕ ਜੀਵਨ ਵਾਸਤੇ ਜ਼ਹਿਰ ਬਣ ਜਾਂਦੀ ਹੈ।
32375	753	ਮਾਇਆ ਮੋਹਿ ਸਦਾ ਦੁਖੁ ਪਾਏ ਬਿਨੁ ਗੁਰ ਅਤਿ ਪਿਆਰੇ॥੨॥		Maaeiaa Mohi Sadhaa Dhukh Paaeae Bin Gur Ath Piaarae ||2||	Enticed by Maya, he suffers in constant pain, without the most Beloved Guru. ||2||	ਪਿਆਰੇ ਗੁਰੂ ਦੀ ਸਰਨ ਤੋਂ ਬਿਨਾ ਉਹ ਮਨੁੱਖ ਮਾਇਆ ਦੇ ਮੋਹ ਵਿਚ ਫਸ ਕੇ ਸਦਾ ਦੁੱਖ ਸਹਾਰਦਾ ਰਹਿੰਦਾ ਹੈ ॥੨॥
32376	753	ਸੋਈ ਸੇਵਕੁ ਜੇ ਸਤਿਗੁਰ ਸੇਵੇ ਚਾਲੈ ਸਤਿਗੁਰ ਭਾਏ॥		Soee Saevak Jae Sathigur Saevae Chaalai Sathigur Bhaaeae ||	He alone is a selfless servant, who serves the True Guru, and walks in harmony with the True Guru's Will.	ਜੇਹੜਾ ਮਨੁੱਖ ਗੁਰੂ ਦੀ ਸਰਨ ਆ ਪੈਂਦਾ ਹੈ, ਗੁਰੂ ਦੀ ਰਜ਼ਾ ਵਿਚ ਤੁਰਨ ਲੱਗ ਪੈਂਦਾ ਹੈ ਉਹ ਮਨੁੱਖ ਪਰਮਾਤਮਾ ਦਾ ਭਗਤ ਬਣ ਜਾਂਦਾ ਹੈ।
32377	753	ਸਾਚਾ ਸਬਦੁ ਸਿਫਤਿ ਹੈ ਸਾਚੀ ਸਾਚਾ ਮੰਨਿ ਵਸਾਏ॥		Saachaa Sabadh Sifath Hai Saachee Saachaa Mann Vasaaeae ||	The True Shabad, the Word of God, is the True Praise of God; enshrine the True Lord within your mind.	ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ, ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ (ਉਸ ਦੇ ਮਨ ਵਿਚ ਟਿਕੀ ਰਹਿੰਦੀ ਹੈ), ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨੂੰ ਆਪਣੇ ਮਨ ਵਿਚ ਵਸਾਈ ਰੱਖਦਾ ਹੈ।

32378	753	ਸਚੀ ਬਾਣੀ ਗੁਰਮੁਖਿ ਆਖੈ ਹਉਮੈ ਵਿਚਹੁ ਜਾਏ॥		Sachee Baanee Guramukh Aakhai Houmai Vichahu Jaaeae ||	The Gurmukh speaks the True Word of Gurbani, and egotism departs from within.	ਗੁਰੂ ਦੇ ਦੱਸੇ ਰਾਹ ਉਤੇ ਤੁਰਨ ਵਾਲਾ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਰਹਿੰਦਾ ਹੈ (ਜਿਸ ਦੀ ਬਰਕਤਿ ਨਾਲ ਉਸ ਦੇ) ਅੰਦਰੋਂ ਹਉਮੈ ਦੂਰ ਹੋ ਜਾਂਦੀ ਹੈ।
32379	753	ਆਪੇ ਦਾਤਾ ਕਰਮੁ ਹੈ ਸਾਚਾ ਸਾਚਾ ਸਬਦੁ ਸੁਣਾਏ॥੩॥		Aapae Dhaathaa Karam Hai Saachaa Saachaa Sabadh Sunaaeae ||3||	He Himself is the Giver, and True are His actions. He proclaims the True Word of the Shabad. ||3||	(ਉਸ ਨੂੰ ਯਕੀਨ ਬਣ ਜਾਂਦਾ ਹੈ ਕਿ) ਪਰਮਾਤਮਾ ਆਪ ਹੀ ਸਭ ਦਾਤਾਂ ਦੇਣ ਵਾਲਾ ਹੈ, ਪਰਮਾਤਮਾ ਦੀ ਬਖ਼ਸ਼ਸ਼ ਅਟੱਲ ਹੈ। ਉਹ ਮਨੁੱਖ (ਹੋਰਨਾਂ ਨੂੰ ਭੀ) ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਸੁਣਾਂਦਾ ਰਹਿੰਦਾ ਹੈ ॥੩॥
32380	753	ਗੁਰਮੁਖਿ ਘਾਲੇ ਗੁਰਮੁਖਿ ਖਟੇ ਗੁਰਮੁਖਿ ਨਾਮੁ ਜਪਾਏ॥		Guramukh Ghaalae Guramukh Khattae Guramukh Naam Japaaeae ||	The Gurmukh works, and the Gurmukh earns; the Gurmukh inspires others to chant the Naam.	ਹੇ ਭਾਈ! ਜੇਹੜਾ ਮਨੁੱਖ ਗੁਰੂ ਦੇ ਦੱਸੇ ਰਾਹ ਉਤੇ ਤੁਰਦਾ ਹੈ ਉਹ (ਨਾਮ ਸਿਮਰਨ ਦੀ) ਮੇਹਨਤ ਕਰਦਾ ਹੈ, (ਨਾਮ-ਧਨ) ਖੱਟਦਾ ਹੈ, ਤੇ, (ਹੋਰਨਾਂ ਨੂੰ ਭੀ) ਨਾਮ ਜਪਾਂਦਾ ਹੈ।
32381	753	ਸਦਾ ਅਲਿਪਤੁ ਸਾਚੈ ਰੰਗਿ ਰਾਤਾ ਗੁਰ ਕੈ ਸਹਜਿ ਸੁਭਾਏ॥	ਅ-ਲਿਪਤੁ	Sadhaa Alipath Saachai Rang Raathaa Gur Kai Sehaj Subhaaeae ||	He is forever unattached, imbued with the Love of the True Lord, intuitively in harmony with the Guru.	ਸਦਾ-ਥਿਰ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀਜ ਕੇ ਉਹ ਮਨੁੱਖ ਸਦਾ (ਮਾਇਆ ਦੇ ਮੋਹ ਤੋਂ) ਨਿਰਲੇਪ ਰਹਿੰਦਾ ਹੈ। ਗੁਰੂ ਦੇ ਦਰ ਤੇ ਰਹਿ ਕੇ ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਪ੍ਰਭੂ ਦੇ ਪ੍ਰੇਮ ਵਿਚ ਲੀਨ ਰਹਿੰਦਾ ਹੈ।

32382	753	ਮਨਮੁਖੁ ਸਦ ਹੀ ਕੂੜੋ ਬੋਲੈ ਬਿਖੁ ਬੀਜੈ ਬਿਖੁ ਖਾਏ॥		Manamukh Sadh Hee Koorro Bolai Bikh Beejai Bikh Khaaeae ||	The self-willed manmukh always tells lies; he plants the seeds of poison, and eats only poison.	ਪਰ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਸਦਾ ਹੀ ਝੂਠ ਬੋਲਦਾ ਹੈ, (ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲਾ ਮਾਇਆ ਦੇ ਮੋਹ ਦਾ) ਜ਼ਹਿਰ ਬੀਜਦਾ ਹੈ, ਤੇ ਉਹੀ ਜ਼ਹਿਰ ਖਾਂਦਾ ਹੈ (ਉਸੇ ਜ਼ਹਿਰ ਨੂੰ ਆਪਣੇ ਜੀਵਨ ਦਾ ਸਹਾਰਾ ਬਣਾਈ ਰੱਖਦਾ ਹੈ)।
32383	753	ਜਮਕਾਲਿ ਬਾਧਾ ਤ੍ਰਿਸਨਾ ਦਾਧਾ ਬਿਨੁ ਗੁਰ ਕਵਣੁ ਛਡਾਏ॥੪॥		Jamakaal Baadhhaa Thrisanaa Dhaadhhaa Bin Gur Kavan Shhaddaaeae ||4||	He is bound and gagged by the Messenger of Death, and burnt in the fire of desire; who can save him, except the Guru? ||4||	ਉਹ ਮਨੁੱਖ ਆਤਮਕ ਮੌਤ ਦੀਆਂ ਫਾਹੀਆਂ ਵਿਚ ਬੱਝਾ ਰਹਿੰਦਾ ਹੈ, ਤ੍ਰਿਸ਼ਨਾ ਦੀ ਅੱਗ ਨਾਲ ਸੜਿਆ ਰਹਿੰਦਾ ਹੈ। (ਇਸ ਬਿਪਤਾ ਵਿਚੋਂ ਉਸ ਨੂੰ) ਗੁਰੂ ਤੋਂ ਬਿਨਾ ਹੋਰ ਕੋਈ ਛਡਾ ਨਹੀਂ ਸਕਦਾ ॥੪॥
32384	753	ਸਚਾ ਤੀਰਥੁ ਜਿਤੁ ਸਤ ਸਰਿ ਨਾਵਣੁ ਗੁਰਮੁਖਿ ਆਪਿ ਬੁਝਾਏ॥	ਸੱਤ	Sachaa Theerathh Jith Sath Sar Naavan Guramukh Aap Bujhaaeae ||	True is that place of pilgrimage, where one bathes in the pool of Truth, and achieves self-realization as Gurmukh. The Gurmukh understands his own self.	ਜੇਹੜਾ ਮਨੁੱਖ ਗੁਰੂ ਦੀ ਸਰਨ ਆ ਪੈਂਦਾ ਹੈ ਉਸ ਨੂੰ ਪ੍ਰਭੂ ਆਪ ਇਹ ਸੂਝ ਬਖ਼ਸ਼ਦਾ ਹੈ ਕਿ ਜਿਸ ਸੱਚੇ ਸਰੋਵਰ ਵਿਚ ਇਸ਼ਨਾਨ ਕਰਨਾ ਚਾਹੀਦਾ ਹੈ ਉਹ ਸਦਾ ਕਾਇਮ ਰਹਿਣ ਵਾਲਾ ਤੀਰਥ (ਗੁਰੂ ਦਾ ਸ਼ਬਦ ਹੀ ਹੈ)।

32385	753	ਅਠਸਠਿ ਤੀਰਥ ਗੁਰ ਸਬਦਿ ਦਿਖਾਏ ਤਿਤੁ ਨਾਤੈ ਮਲੁ ਜਾਏ॥		Athasath Theerathh Gur Sabadh Dhikhaaeae Thith Naathai Mal Jaaeae ||	The Lord has shown that the Word of the Guru's Shabad is the sixty-eight sacred shrines of pilgrimage; bathing in it, filth is washed away.	ਗੁਰੂ ਦੇ ਸ਼ਬਦ ਵਿਚ (ਹੀ ਪ੍ਰਭੂ ਉਸ ਨੂੰ) ਅਠਾਹਠ ਤੀਰਥ ਵਿਖਾ ਦੇਂਦਾ ਹੈ (ਅਤੇ ਵਿਖਾ ਦੇਂਦਾ ਹੈ ਕਿ) ਉਸ (ਗੁਰੂ-ਸ਼ਬਦ-ਤੀਰਥ) ਵਿਚ ਨ੍ਹਾਤਿਆਂ (ਵਿਕਾਰਾਂ ਦੀ) ਮੈਲ ਲਹਿ ਜਾਂਦੀ ਹੈ।
32386	753	ਸਚਾ ਸਬਦੁ ਸਾਚਾ ਹੈ ਨਿਰਮਲੁ ਨਾ ਮਲੁ ਲਗੈ ਨ ਲਾਏ॥		Sachaa Sabadh Sachaa Hai Niramal Naa Mal Lagai N Laaeae ||	True and Immaculate is the True Word of His Shabad; no filth touches or clings to Him.	(ਉਸ ਮਨੁੱਖ ਨੂੰ ਯਕੀਨ ਬਣ ਜਾਂਦਾ ਹੈ ਕਿ) ਗੁਰੂ ਦਾ ਸ਼ਬਦ ਹੀ ਸਦਾ ਕਾਇਮ ਰਹਿਣ ਵਾਲਾ ਅਤੇ ਪਵਿਤ੍ਰ ਤੀਰਥ ਹੈ (ਉਸ ਵਿਚ ਇਸ਼ਨਾਨ ਕੀਤਿਆਂ ਵਿਕਾਰਾਂ ਦੀ) ਮੈਲ ਨਹੀਂ ਲੱਗਦੀ, (ਉਹ ਤੀਰਥ) ਮੈਲ ਨਹੀਂ ਚੰਬੋੜਦਾ।
32387	753	ਸਚੀ ਸਿਫਤਿ ਸਚੀ ਸਾਲਾਹ ਪੂਰੇ ਗੁਰ ਤੇ ਪਾਏ॥੫॥		Sachee Sifath Sachee Saalaah Poorae Gur Thae Paaeae ||5||	True Praise, True Devotional Praise, is obtained from the Perfect Guru. ||5||	ਉਹ ਮਨੁੱਖ ਪੂਰੇ ਗੁਰੂ ਪਾਸੋਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਪ੍ਰਾਪਤ ਕਰ ਲੈਂਦਾ ਹੈ ॥੫॥
32388	753	ਤਨੁ ਮਨੁ ਸਭੁ ਕਿਛੁ ਹਰਿ ਤਿਸੁ ਕੇਰਾ ਦੁਰਮਤਿ ਕਹਣੁ ਨ ਜਾਏ॥		Than Man Sabh Kishh Har This Kaeraa Dhuramath Kehan N Jaaeae ||	Body, mind, everything belongs to the Lord; but the evil-minded ones cannot even say this.	ਪਰ, ਜੇਹੜਾ ਮਨੁੱਖ ਗੁਰੂ ਦੀ ਸਰਨ ਨਹੀਂ ਪੈਂਦਾ, ਉਹ (ਮਨੁੱਖ) ਖੋਟੀ ਮਤਿ ਦੇ ਕਾਰਨ ਇਹ ਨਹੀਂ ਆਖ ਸਕਦਾ ਕਿ ਸਾਡਾ ਇਹ ਸਰੀਰ ਸਾਡਾ ਇਹ ਮਨ ਸਭ ਕੁਝ ਉਸ ਪ੍ਰਭੂ ਦਾ ਹੀ ਦਿੱਤਾ ਹੋਇਆ ਹੈ।

32389	753	ਹੁਕਮੁ ਹੋਵੈ ਤਾ ਨਿਰਮਲੁ ਹੋਵੈ ਹਉਮੈ ਵਿਚਹੁ ਜਾਏ॥		Hukam Hovai Thaa Niramal Hovai Houmai Vichahu Jaaeae ||	If such is the Hukam of the Lord's Command, then one becomes pure and spotless, and the ego is taken away from within.	ਜਦੋਂ ਪਰਮਾਤਮਾ ਦੀ ਰਜ਼ਾ ਹੁੰਦੀ ਹੈ (ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਦਾ ਮਨ) ਪਵਿਤ੍ਰ ਹੋ ਜਾਂਦਾ ਹੈ (ਉਸ ਦੇ) ਅੰਦਰੋਂ ਹਉਮੈ ਦੂਰ ਹੋ ਜਾਂਦੀ ਹੈ।
32390	753	ਗੁਰ ਕੀ ਸਾਖੀ ਸਹਜੇ ਚਾਖੀ ਤ੍ਰਿਸਨਾ ਅਗਨਿ ਬੁਝਾਏ॥	ਬੁਝਾਏ:ਪੋਲਾ ਬੋਲੋ	Gur Kee Saakhee Sehajae Chaakhee Thrisanaa Agan Bujhaaeae ||	I have intuitively tasted the Guru's Teachings, and the fire of my desire has been quenched.	ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਗੁਰੂ ਦੇ ਉਪਦੇਸ਼ ਦਾ ਆਨੰਦ ਮਾਣਦਾ ਹੈ, (ਗੁਰੂ ਦਾ ਉਪਦੇਸ਼ ਉਸ ਦੇ ਅੰਦਰੋਂ) ਤ੍ਰਿਸ਼ਨਾ ਦੀ ਅੱਗ ਬੁਝਾ ਦੇਂਦਾ ਹੈ।
32391	753	ਗੁਰ ਕੈ ਸਬਦਿ ਰਾਤਾ ਸਹਜੇ ਮਾਤਾ ਸਹਜੇ ਰਹਿਆ ਸਮਾਏ॥੬॥	ਮੱਾਤਾ	Gur Kai Sabadh Raathaa Sehajae Maathaa Sehajae Rehiaa Samaaeae ||6||	Attuned to the Word of the Guru's Shabad, one is naturally intoxicated, merging imperceptibly into the Lord. ||6||	ਉਹ ਮਨੁੱਖ ਗੁਰੂ ਦੇ ਸ਼ਬਦ ਵਿਚ ਰੰਗਿਆ ਜਾਂਦਾ ਹੈ, ਆਤਮਕ ਅਡੋਲਤਾ ਵਿਚ ਮਸਤ ਹੋ ਜਾਂਦਾ ਹੈ, ਆਤਮਕ ਅਡੋਲਤਾ ਵਿਚ ਹੀ ਲੀਨ ਰਹਿੰਦਾ ਹੈ ॥੬॥
32392	754	ਹਰਿ ਕਾ ਨਾਮੁ ਸਤਿ ਕਰਿ ਜਾਣੈ ਗੁਰ ਕੈ ਭਾਇ ਪਿਆਰੇ॥		Har Kaa Naam Sath Kar Jaanai Gur Kai Bhaae Piaarae ||	The Name of the Lord is known as True, through the Love of the Beloved Guru.	ਜੇਹੜਾ ਮਨੁੱਖ ਪਿਆਰੇ ਗੁਰੂ ਦੇ ਪ੍ਰੇਮ ਵਿਚ ਟਿਕਿਆ ਰਹਿੰਦਾ ਹੈ, ਉਹ ਇਹ ਗੱਲ ਸਮਝ ਲੈਂਦਾ ਹੈ ਕਿ ਪਰਮਾਤਮਾ ਦਾ ਨਾਮ ਹੀ ਸੱਚਾ ਸਾਥੀ ਹੈ।

32393	754	ਸਚੀ ਵਡਿਆਈ ਗੁਰ ਤੇ ਪਾਈ ਸਚੈ ਨਾਇ ਪਿਆਰੇ॥		Sachee Vaddiaaee Gur Thae Paaee Sachai Naae Piaarae ||	True Glorious Greatness is obtained from the Guru, through the Beloved True Name.	ਉਹ ਮਨੁੱਖ ਪਰਮਾਤਮਾ ਦੀ ਸਦਾ-ਥਿਰ ਰਹਿਣ ਵਾਲੀ ਸਿਫ਼ਤਿ-ਸਾਲਾਹ ਗੁਰੂ ਪਾਸੋਂ ਪ੍ਰਾਪਤ ਕਰ ਲੈਂਦਾ ਹੈ, ਉਹ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਪਿਆਰ ਕਰਨ ਲੱਗ ਪੈਂਦਾ ਹੈ।
32394	754	ਏਕੋ ਸਚਾ ਸਭ ਮਹਿ ਵਰਤੈ ਵਿਰਲਾ ਕੋ ਵੀਚਾਰੇ॥		Eaeko Sachaa Sabh Mehi Varathai Viralaa Ko Veechaarae ||	The One True Lord is permeating and pervading among all; how rare is the one who contemplates this.	ਕੋਈ ਵਿਰਲਾ ਮਨੁੱਖ (ਗੁਰੂ ਦੀ ਸਰਨ ਪੈ ਕੇ) ਇਹ ਵਿਚਾਰ ਕਰਦਾ ਹੈ ਕਿ ਸਾਰੀ ਸ੍ਰਿਸ਼ਟੀ ਵਿਚ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਹੀ ਵੱਸਦਾ ਹੈ।
32395	754	ਆਪੇ ਮੇਲਿ ਲਏ ਤਾ ਬਖਸੇ ਸਚੀ ਭਗਤਿ ਸਵਾਰੇ॥੭॥		Aapae Mael Leae Thaa Bakhasae Sachee Bhagath Savaarae ||7||	The Lord Himself unites us in Union, and forgives us; He embellishes us with true devotional worship. ||7||	(ਅਜੇਹੇ ਮਨੁੱਖ ਨੂੰ) ਜਦੋਂ ਪ੍ਰਭੂ ਆਪ ਹੀ ਆਪਣੇ ਚਰਨਾਂ ਵਿਚ ਜੋੜਦਾ ਹੈ, ਤਾਂ ਉਸ ਉਤੇ ਬਖ਼ਸ਼ਸ਼ ਕਰਦਾ ਹੈ, ਸਦਾ-ਥਿਰ ਰਹਿਣ ਵਾਲੀ ਆਪਣੀ ਭਗਤੀ ਦੇ ਕੇ ਉਸ ਦਾ ਜੀਵਨ ਸੋਹਣਾ ਬਣਾ ਦੇਂਦਾ ਹੈ ॥੭॥
32396	754	ਸਭੋ ਸਚੁ ਸਚੁ ਸਚੁ ਵਰਤੈ ਗੁਰਮੁਖਿ ਕੋਈ ਜਾਣੈ॥		Sabho Sach Sach Sach Varathai Guramukh Koee Jaanai ||	All is Truth; Truth, and Truth alone is pervading; how rare is the Gurmukh who knows this.	ਹੇ ਭਾਈ! ਕੋਈ ਵਿਰਲਾ ਮਨੁੱਖ ਗੁਰੂ ਦੀ ਸਰਨ ਪੈ ਕੇ ਸਮਝਦਾ ਹੈ ਕਿ ਹਰ ਥਾਂ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਹੀ ਕੰਮ ਕਰ ਰਿਹਾ ਹੈ।

32397	754	ਜੰਮਣ ਮਰਣਾ ਹੁਕਮੋ ਵਰਤੈ ਗੁਰਮੁਖਿ ਆਪੁ ਪਛਾਣੈ॥		Janman Maranaa Hukamo Varathai Guramukh Aap Pashhaanai ||	Birth and death occur by the Hukam of His Command; the Gurmukh understands his own self.	ਜਗਤ ਵਿਚ ਜੰਮਣਾ ਮਰਨਾ ਭੀ ਉਸੇ ਦੇ ਹੁਕਮ ਵਿਚ ਚੱਲ ਰਿਹਾ ਹੈ। ਗੁਰੂ ਦੀ ਸਰਨ ਪੈਣ ਵਾਲਾ ਉਹ ਮਨੁੱਖ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ।
32398	754	ਨਾਮੁ ਧਿਆਏ ਤਾ ਸਤਿਗੁਰ ਭਾਏ ਜੋ ਇਛੈ ਸੋ ਫਲੁ ਪਾਏ॥		Naam Dhhiaaeae Thaa Sathigur Bhaaeae Jo Eishhai So Fal Paaeae ||	He meditates on the Naam, the Name of the Lord, and so pleases the True Guru. He receives whatever rewards he desires.	ਜਦੋਂ ਉਹ ਮਨੁੱਖ ਪਰਮਾਤਮਾ ਦਾ ਨਾਮ ਸਿਮਰਨਾ ਸ਼ੁਰੂ ਕਰਦਾ ਹੈ ਤਾਂ ਉਹ ਗੁਰੂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ, ਫਿਰ ਉਹ ਜੇਹੜੀ ਮੁਰਾਦ ਮੰਗਦਾ ਹੈ ਉਹੀ ਹਾਸਲ ਕਰ ਲੈਂਦਾ ਹੈ।
32399	754	ਨਾਨਕ ਤਿਸ ਦਾ ਸਭੁ ਕਿਛੁ ਹੋਵੈ ਜਿ ਵਿਚਹੁ ਆਪੁ ਗਵਾਏ॥੮॥੧॥		Naanak This Dhaa Sabh Kishh Hovai J Vichahu Aap Gavaaeae ||8||1||	O Nanak, one who eradicates self-conceit from within, has everything. ||8||1||	ਹੇ ਨਾਨਕ! (ਆਖ-) ਜੇਹੜਾ ਮਨੁੱਖ (ਗੁਰੂ ਦੀ ਸਰਨ ਪੈ ਕੇ) ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲੈਂਦਾ ਹੈ, ਉਸ ਦਾ ਆਤਮਕ ਜੀਵਨ ਦਾ ਸਾਰਾ ਸਰਮਾਇਆ ਬਚਿਆ ਰਹਿੰਦਾ ਹੈ ॥੮॥੧॥
32400	754	ਸੂਹੀ ਮਹਲਾ ੩॥		Soohee Mehalaa 3 ||	Soohee, Third Mehl:	
32401	754	ਕਾਇਆ ਕਾਮਣਿ ਅਤਿ ਸੁਆਲਿਉ ਪਿਰੁ ਵਸੈ ਜਿਸੁ ਨਾਲੇ॥		Kaaeiaa Kaaman Ath Suaaliho Pir Vasai Jis Naalae ||	The body-bride is very beautiful; she dwells with her Husband Lord.	ਹੇ ਭਾਈ! (ਗੁਰੂ ਦੀ ਬਾਣੀ ਦੀ ਬਰਕਤਿ ਨਾਲ) ਜਿਸ ਕਾਂਇਆਂ ਵਿਚ ਪ੍ਰਭੂ-ਪਤੀ ਆ ਵੱਸਦਾ ਹੈ, ਉਹ ਕਾਂਇਆਂ-ਇਸਤ੍ਰੀ ਬਹੁਤ ਸੁੰਦਰ ਬਣ ਜਾਂਦੀ ਹੈ।

32402	754	ਪਿਰ ਸਚੇ ਤੇ ਸਦਾ ਸੁਹਾਗਣਿ ਗੁਰ ਕਾ ਸਬਦੁ ਸਮ੍ਹਾਲੇ॥		Pir Sachae Thae Sadhaa Suhaagan Gur Kaa Sabadh Samhaalae ||	She becomes the happy soul-bride of her True Husband Lord, contemplating the Word of the Guru's Shabad.	ਜੇਹੜੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਨੂੰ ਆਪਣੇ ਹਿਰਦੇ ਵਿਚ ਵਸਾਂਦੀ ਹੈ, ਸਦਾ-ਥਿਰ ਪ੍ਰਭੂ-ਪਤੀ ਦੇ ਮਿਲਾਪ ਦੇ ਕਾਰਨ ਉਹ ਸਦਾ ਲਈ ਸੁਹਾਗ ਭਾਗ ਵਾਲੀ ਬਣ ਜਾਂਦੀ ਹੈ।
32403	754	ਹਰਿ ਕੀ ਭਗਤਿ ਸਦਾ ਰੰਗਿ ਰਾਤਾ ਹਉਮੈ ਵਿਚਹੁ ਜਾਲੇ॥੧॥		Har Kee Bhagath Sadhaa Rang Raathaa Houmai Vichahu Jaalae ||1||	The Lord's devotee is forever attuned to the Lord's Love; her ego is burnt away from within. ||1||	ਹੇ ਭਾਈ! (ਬਾਣੀ ਦੀ ਬਰਕਤਿ ਨਾਲ ਜੇਹੜਾ ਮਨੁੱਖ) ਆਪਣੇ ਅੰਦਰੋਂ ਹਉਮੈ ਸਾੜ ਲੈਂਦਾ ਹੈ, ਉਹ ਸਦਾ ਵਾਸਤੇ ਪਰਮਾਤਮਾ ਦੀ ਭਗਤੀ ਦੇ ਰੰਗ ਵਿਚ ਰੰਗਿਆ ਜਾਂਦਾ ਹੈ ॥੧॥
32404	754	ਵਾਹੁ ਵਾਹੁ ਪੂਰੇ ਗੁਰ ਕੀ ਬਾਣੀ॥		Vaahu Vaahu Poorae Gur Kee Baanee ||	Waaho! Waaho! Blessed, blessed is the Word of the Perfect Guru's Bani.	ਹੇ ਭਾਈ! ਪੂਰੇ ਗੁਰੂ ਦੀ ਬਾਣੀ ਧੰਨ ਹੈ ਧੰਨ ਹੈ।
32405	754	ਪੂਰੇ ਗੁਰ ਤੇ ਉਪਜੀ ਸਾਚਿ ਸਮਾਣੀ॥੧॥ਰਹਾਉ॥		Poorae Gur Thae Oupajee Saach Samaanee ||1|| Rehaao ||	It wells up and springs forth from the Perfect Guru, and merges into Truth. ||1||Pause||	ਇਹ ਬਾਣੀ ਪੂਰੇ ਗੁਰੂ ਦੇ ਹਿਰਦੇ ਵਿਚੋਂ ਪੈਦਾ ਹੁੰਦੀ ਹੈ, ਅਤੇ (ਜੇਹੜਾ ਮਨੁੱਖ ਇਸ ਨੂੰ ਆਪਣੇ ਹਿਰਦੇ ਵਿਚ ਵਸਾਂਦਾ ਹੈ ਉਸ ਨੂੰ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਕਰ ਦੇਂਦੀ ਹੈ ॥੧॥ ਰਹਾਉ ॥

32406	754	ਕਾਇਆ ਅੰਦਰਿ ਸਭੁ ਕਿਛੁ ਵਸੈ ਖੰਡ ਮੰਡਲ ਪਾਤਾਲਾ॥		Kaaeiaa Andhar Sabh Kishh Vasai Khandd Manddal Paathaalaa ||	Everything is within the Lord - the continents, worlds and nether regions.	ਹੇ ਭਾਈ! ਖੰਡਾਂ ਮੰਡਲਾਂ ਪਾਤਾਲਾਂ (ਸਾਰੇ ਜਗਤ) ਦਾ ਹਰੇਕ ਸੁਖ ਉਸ ਸਰੀਰ ਦੇ ਅੰਦਰ ਆ ਵੱਸਦਾ ਹੈ,
32407	754	ਕਾਇਆ ਅੰਦਰਿ ਜਗਜੀਵਨ ਦਾਤਾ ਵਸੈ ਸਭਨਾ ਕਰੇ ਪ੍ਰਤਿਪਾਲਾ॥	ਜੱਗਜੀਵਨ	Kaaeiaa Andhar Jagajeevan Dhaathaa Vasai Sabhanaa Karae Prathipaalaa ||	The Life of the World, the Great Giver, dwells within the body; He is the Cherisher of all.	ਜਿਸ ਸਰੀਰ ਵਿਚ ਜਗਤ ਦਾ ਜੀਵਨ ਉਹ ਦਾਤਾਰ-ਪ੍ਰਭੂ ਪਰਗਟ ਹੋ ਜਾਂਦਾ ਹੈ ਜੋ ਸਾਰੇ ਜੀਵਾਂ ਦੀ ਪਾਲਣਾ ਕਰਦਾ ਹੈ।
32408	754	ਕਾਇਆ ਕਾਮਣਿ ਸਦਾ ਸੁਹੇਲੀ ਗੁਰਮੁਖਿ ਨਾਮੁ ਸਮ੍ਹਾਲਾ॥੨॥		Kaaeiaa Kaaman Sadhaa Suhaelee Guramukh Naam Samhaalaa ||2||	The body-bride is eternally beautiful; the Gurmukh contemplates the Naam. ||2||	ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਂਦਾ ਹੈ ਉਸ ਦੀ ਕਾਂਇਆਂ-ਇਸਤ੍ਰੀ ਸਦਾ ਸੁਖੀ ਰਹਿੰਦੀ ਹੈ ॥੨॥
32409	754	ਕਾਇਆ ਅੰਦਰਿ ਆਪੇ ਵਸੈ ਅਲਖੁ ਨ ਲਖਿਆ ਜਾਈ॥	ਅ-ਲਖ:ਪੋਲਾ ਬੋਲੋ	Kaaeiaa Andhar Aapae Vasai Alakh N Lakhiaa Jaaee ||	The Lord Himself dwells within the body; He is invisible and cannot be seen.	ਹੇ ਭਾਈ! ਇਸ ਸਰੀਰ ਵਿਚ ਪ੍ਰਭੂ ਆਪ ਹੀ ਵੱਸਦਾ ਹੈ, ਪਰ ਉਹ ਅਦ੍ਰਿਸ਼ਟ ਹੈ (ਸਧਾਰਨ ਤੌਰ ਤੇ) ਵੇਖਿਆ ਨਹੀਂ ਜਾ ਸਕਦਾ।

32410	754	ਮਨਮੁਖੁ ਮੁਗਧੁ ਬੂਝੈ ਨਾਹੀ ਬਾਹਰਿ ਭਾਲਣਿ ਜਾਈ॥		Manamukh Mugadhh Boojhai Naahee Baahar Bhaalan Jaaee ||	The foolish self-willed manmukh does not understand; he goes out searching for the Lord externally.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮੂਰਖ ਮਨੁੱਖ (ਇਹ ਭੇਤ) ਨਹੀਂ ਸਮਝਦਾ, (ਉਸ ਪ੍ਰਭੂ ਨੂੰ) ਬਾਹਰ (ਜੰਗਲ ਆਦਿਕ ਵਿਚ) ਲੱਭਣ ਤੁਰ ਪੈਂਦਾ ਹੈ।
32411	754	ਸਤਿਗੁਰੁ ਸੇਵੇ ਸਦਾ ਸੁਖੁ ਪਾਏ ਸਤਿਗੁਰਿ ਅਲਖੁ ਦਿਤਾ ਲਖਾਈ॥੩॥		Sathigur Saevae Sadhaa Sukh Paaeae Sathigur Alakh Dhithaa Lakhaaee ||3||	One who serves the True Guru is always at peace; the True Guru has shown me the Invisible Lord. ||3||	ਜੇਹੜਾ ਮਨੁੱਖ ਗੁਰੂ ਦੀ ਸਰਨ ਆ ਪੈਂਦਾ ਹੈ, ਉਹ ਸਦਾ ਆਤਮਕ ਆਨੰਦ ਮਾਣਦਾ ਹੈ (ਕਿਉਂਕਿ ਜੇਹੜਾ ਭੀ ਮਨੁੱਖ ਗੁਰੂ ਦੀ ਸਰਨ ਆ ਪਿਆ) ਗੁਰੂ ਨੇ (ਉਸ ਨੂੰ) ਅਦ੍ਰਿਸ਼ਟ ਪਰਮਾਤਮਾ (ਉਸ ਦੇ ਅੰਦਰ ਵੱਸਦਾ) ਵਿਖਾ ਦਿੱਤਾ ॥੩॥
32412	754	ਕਾਇਆ ਅੰਦਰਿ ਰਤਨ ਪਦਾਰਥ ਭਗਤਿ ਭਰੇ ਭੰਡਾਰਾ॥		Kaaeiaa Andhar Rathan Padhaarathh Bhagath Bharae Bhanddaaraa ||	Within the body there are jewels and precious treasures, the over-flowing treasure of devotion.	ਹੇ ਭਾਈ! ਪਰਮਾਤਮਾ ਦੀ ਭਗਤੀ (ਮਾਨੋ) ਰਤਨ ਪਦਾਰਥ ਹੈ (ਇਹਨਾਂ ਰਤਨਾਂ ਪਦਾਰਥਾਂ ਦੇ) ਖ਼ਜ਼ਾਨੇ ਇਸ ਮਨੁੱਖ ਸਰੀਰ ਵਿਚ ਭਰੇ ਪਏ ਹਨ।
32413	754	ਇਸੁ ਕਾਇਆ ਅੰਦਰਿ ਨਉ ਖੰਡ ਪ੍ਰਿਥਮੀ ਹਾਟ ਪਟਣ ਬਾਜਾਰਾ॥	ਪਟਣ:ਪੋਲਾ ਬੋਲੋ	Eis Kaaeiaa Andhar Noukhandd Prithhamee Haatt Pattan Baajaaraa ||	Within this body are the nine continents of the earth, its markets, cities and streets.	ਇਸ ਸਰੀਰ ਦੇ ਅੰਦਰ ਹੀ (ਮਾਨੋ) ਸਾਰੀ ਧਰਤੀ ਦੇ ਹੱਟ ਬਾਜ਼ਾਰ ਤੇ ਸ਼ਹਰ (ਵੱਸ ਰਹੇ ਹਨ। ਗੁਰੂ ਦੀ ਬਾਣੀ ਦੀ ਬਰਕਤਿ ਨਾਲ ਮਨੁੱਖ ਅੰਦਰ ਹੀ ਨਾਮ ਧਨ ਵਿਹਾਝਦਾ ਹੈ)।

32414	754	ਇਸੁ ਕਾਇਆ ਅੰਦਰਿ ਨਾਮੁ ਨਉ ਨਿਧਿ ਪਾਈਐ ਗੁਰ ਕੈ ਸਬਦਿ ਵੀਚਾਰਾ॥੪॥		Eis Kaaeiaa Andhar Naam No Nidhh Paaeeai Gur Kai Sabadh Veechaaraa ||4||	Within this body are the nine treasures of the Naam; contemplating the Word of the Guru's Shabad, it is obtained. ||4||	ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰ ਕਰ ਕੇ ਇਸ ਸਰੀਰ ਦੇ ਵਿਚੋਂ ਹੀ ਪਰਮਾਤਮਾ ਦਾ ਨਾਮ ਪ੍ਰਾਪਤ ਹੋ ਜਾਂਦਾ ਹੈ ਜੇਹੜਾ (ਮਾਨੋ ਧਰਤੀ ਦੇ) ਨੌ ਹੀ ਖ਼ਜ਼ਾਨੇ ਹੈ ॥੪॥
32415	754	ਕਾਇਆ ਅੰਦਰਿ ਤੋਲਿ ਤੁਲਾਵੈ ਆਪੇ ਤੋਲਣਹਾਰਾ॥		Kaaeiaa Andhar Thol Thulaavai Aapae Tholanehaaraa ||	Within the body, the Lord estimates the weight; He Himself is the weigher.	ਹੇ ਭਾਈ! ਇਸ ਮਨੁੱਖਾ ਸਰੀਰ ਵਿਚ ਨਾਮ-ਰਤਨ ਦੀ ਪਰਖ ਕਰਨ ਵਾਲਾ ਪ੍ਰਭੂ ਆਪ ਹੀ ਵੱਸਦਾ ਹੈ,
32416	754	ਇਹੁ ਮਨੁ ਰਤਨੁ ਜਵਾਹਰ ਮਾਣਕੁ ਤਿਸ ਕਾ ਮੋਲੁ ਅਫਾਰਾ॥		Eihu Man Rathan Javaahar Maanak This Kaa Mol Afaaraa ||	This mind is the jewel, the gem, the diamond; it is absolutely priceless.	ਉਹ ਆਪ ਪਰਖ ਕਰ ਕੇ ਨਾਮ-ਰਤਨ ਦੀ ਪਰਖ ਦੀ ਜਾਚ ਸਿਖਾਂਦਾ ਹੈ, (ਜਿਸ ਮਨੁੱਖ ਨੂੰ ਜਾਚ ਦੇਂਦਾ ਹੈ, ਉਸ ਦਾ) ਇਹ ਮਨ (ਮਾਨੋ) ਰਤਨ ਜਵਾਹਰ ਮੋਤੀ (ਵਰਗਾ ਕੀਮਤੀ ਬਣ ਜਾਂਦਾ ਹੈ।
32417	754	ਮੋਲਿ ਕਿਤ ਹੀ ਨਾਮੁ ਪਾਈਐ ਨਾਹੀ ਨਾਮੁ ਪਾਈਐ ਗੁਰ ਬੀਚਾਰਾ॥੫॥		Mol Kith Hee Naam Paaeeai Naahee Naam Paaeeai Gur Beechaaraa ||5||	The Naam, the Name of the Lord, cannot be purchased at any price; the Naam is obtained by contemplating the Guru. ||5||	ਇਤਨਾ ਕੀਮਤੀ ਬਣ ਜਾਂਦਾ ਹੈ ਕਿ) ਉਸ ਦਾ ਮੁੱਲ ਨਹੀਂ ਪੈ ਸਕਦਾ। (ਉਸ ਮਨੁੱਖ ਨੂੰ ਸਮਝ ਪੈ ਜਾਂਦੀ ਹੈ ਕਿ ਪਰਮਾਤਮਾ ਦਾ) ਨਾਮ ਕਿਸੇ (ਦੁਨੀਆਵੀ) ਕੀਮਤ ਨਾਲ ਨਹੀਂ ਮਿਲ ਸਕਦਾ। ਸਤਿਗੁਰੂ ਦੀ ਬਾਣੀ ਦੀ ਵਿਚਾਰ ਦੀ ਬਰਕਤਿ ਨਾਲ ਪਰਮਾਤਮਾ ਦਾ ਨਾਮ ਮਿਲਦਾ ਹੈ ॥੫॥

32418	754	ਗੁਰਮੁਖਿ ਹੋਵੈ ਸੁ ਕਾਇਆ ਖੋਜੈ ਹੋਰ ਸਭ ਭਰਮਿ ਭੁਲਾਈ॥		Guramukh Hovai S Kaaeiaa Khojai Hor Sabh Bharam Bhulaaee ||	One who becomes Gurmukh searches this body; all others just wander around in confusion.	ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ (ਪਰਮਾਤਮਾ ਦੇ ਨਾਮ ਦੀ ਪ੍ਰਾਪਤੀ ਵਾਸਤੇ) ਆਪਣੇ ਸਰੀਰ ਨੂੰ ਹੀ ਖੋਜਦਾ ਹੈ। ਬਾਕੀ ਦੀ ਲੁਕਾਈ ਭਟਕਣਾ ਵਿਚ ਪੈ ਕੇ ਕੁਰਾਹੇ ਪਈ ਰਹਿੰਦੀ ਹੈ।
32419	754	ਜਿਸ ਨੋ ਦੇਇ ਸੋਈ ਜਨੁ ਪਾਵੈ ਹੋਰ ਕਿਆ ਕੋ ਕਰੇ ਚਤੁਰਾਈ॥		Jis No Dhaee Soee Jan Paavai Hor Kiaa Ko Karae Chathuraaee ||	That humble being alone obtains it, unto whom the Lord bestows it. What other clever tricks can anyone try?	ਪਰਮਾਤਮਾ ਆਪ ਜਿਸ ਮਨੁੱਖ ਨੂੰ (ਆਪਣੇ ਨਾਮ ਦੀ ਦਾਤਿ) ਦੇਂਦਾ ਹੈ, ਉਹੀ ਮਨੁੱਖ ਪ੍ਰਾਪਤ ਕਰਦਾ ਹੈ। ਕੋਈ ਭੀ ਮਨੁੱਖ (ਗੁਰੂ ਦੀ ਸਰਨ ਤੋਂ ਬਿਨਾ) ਹੋਰ ਕੋਈ ਸਿਆਣਪ ਨਹੀਂ ਕਰ ਸਕਦਾ (ਜਿਸ ਨਾਲ ਨਾਮ ਪ੍ਰਾਪਤ ਕਰ ਸਕੇ)।
32420	754	ਕਾਇਆ ਅੰਦਰਿ ਭਉ ਭਾਉ ਵਸੈ ਗੁਰ ਪਰਸਾਦੀ ਪਾਈ॥੬॥		Kaaeiaa Andhar Bho Bhaao Vasai Gur Parasaadhee Paaee ||6||	Within the body, the Fear of God and Love for Him abides; by Guru's Grace, they are obtained. ||6||	ਗੁਰੂ ਦੀ ਕਿਰਪਾ ਨਾਲ ਹੀ ਨਾਮ ਪ੍ਰਾਪਤ ਹੁੰਦਾ ਹੈ। ਜਿਸ ਨੂੰ ਪ੍ਰਾਪਤ ਹੁੰਦਾ ਹੈ ਉਸ ਦੇ ਸਰੀਰ ਵਿਚ ਪਰਮਾਤਮਾ ਦਾ ਡਰ-ਅਦਬ ਅਤੇ ਪਿਆਰ ਆ ਵੱਸਦਾ ਹੈ ॥੬॥
32421	754	ਕਾਇਆ ਅੰਦਰਿ ਬ੍ਰਹਮਾ ਬਿਸਨੁ ਮਹੇਸਾ ਸਭ ਓਪਤਿ ਜਿਤੁ ਸੰਸਾਰਾ॥		Kaaeiaa Andhar Brehamaa Bisan Mehaesaa Sabh Oupath Jith Sansaaraa ||	Within the body, are Brahma, Vishnu and Shiva, from whom the whole world emanated.	ਹੇ ਭਾਈ! ਇਸ ਸਰੀਰ ਵਿਚ ਉਹ ਪਰਮਾਤਮਾ ਵੱਸ ਰਿਹਾ ਹੈ, ਜਿਸ ਤੋਂ ਬ੍ਰਹਮਾ, ਬਿਸ਼ਨ, ਸ਼ਿਵ ਅਤੇ ਹੋਰ ਸਾਰੀ ਸ੍ਰਿਸ਼ਟੀ ਦੀ ਉਤਪਤੀ ਹੋਈ ਹੈ।

32422	754	ਸਚੈ ਆਪਣਾ ਖੇਲੁ ਰਚਾਇਆ ਆਵਾ ਗਉਣੁ ਪਾਸਾਰਾ॥		Sachai Aapanaa Khael Rachaaeiaa Aavaa Goun Paasaaraa ||	The True Lord has staged and contrived His own play; the expanse of the Universe comes and goes.	ਸਦਾ-ਥਿਰ ਪ੍ਰਭੂ ਨੇ (ਇਹ ਜਗਤ) ਆਪਣਾ ਇਕ ਤਮਾਸ਼ਾ ਰਚਿਆ ਹੋਇਆ ਹੈ ਇਹ ਜੰਮਣ ਮਰਨ ਇਕ ਖਿਲਾਰਾ ਖਿਲਾਰ ਦਿੱਤਾ ਹੈ।
32423	754	ਪੂਰੈ ਸਤਿਗੁਰਿ ਆਪਿ ਦਿਖਾਇਆ ਸਚਿ ਨਾਮਿ ਨਿਸਤਾਰਾ॥੭॥		Poorai Sathigur Aap Dhikhaaeiaa Sach Naam Nisathaaraa ||7||	The Perfect True Guru Himself has made it clear, that emancipation comes through the True Name. ||7||	ਜਿਸ ਮਨੁੱਖ ਨੂੰ ਪੂਰੇ ਗੁਰੂ ਨੇ (ਇਹ ਅਸਲੀਅਤ) ਵਿਖਾ ਦਿੱਤੀ, ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜ ਕੇ ਉਸ ਮਨੁੱਖ ਦਾ ਪਾਰ-ਉਤਾਰਾ ਹੋ ਗਿਆ ॥੭॥
32424	754	ਸਾ ਕਾਇਆ ਜੋ ਸਤਿਗੁਰੁ ਸੇਵੈ ਸਚੈ ਆਪਿ ਸਵਾਰੀ॥		Saa Kaaeiaa Jo Sathigur Saevai Sachai Aap Savaaree ||	That body, which serves the True Guru, is embellished by the True Lord Himself.	ਹੇ ਭਾਈ! ਉਹੀ ਸਰੀਰ ਸਫਲ ਹੈ ਜੇਹੜਾ ਗੁਰੂ ਦੀ ਸਰਨ ਪੈਂਦਾ ਹੈ। ਉਸ ਸਰੀਰ ਨੂੰ ਸਦਾ-ਥਿਰ ਰਹਿਣ ਵਾਲੇ ਕਰਤਾਰ ਨੇ ਆਪ ਸੋਹਣਾ ਬਣਾ ਦਿੱਤਾ।
32425	754	ਵਿਣੁ ਨਾਵੈ ਦਰਿ ਢੋਈ ਨਾਹੀ ਤਾ ਜਮੁ ਕਰੇ ਖੁਆਰੀ॥		Vin Naavai Dhar Dtoee Naahee Thaa Jam Karae Khuaaree ||	Without the Name, the mortal finds no place of rest in the Court of the Lord; he shall be tortured by the Messenger of Death.	ਪਰਮਾਤਮਾ ਦੇ ਨਾਮ ਤੋਂ ਬਿਨਾ ਪਰਮਾਤਮਾ ਦੇ ਦਰ ਤੇ ਖਲੋਣਾ ਨਹੀਂ ਮਿਲਦਾ। ਤਦੋਂ (ਅਜੇਹੇ ਮਨੁੱਖ ਨੂੰ) ਜਮਰਾਜ ਖ਼ੁਆਰ ਕਰਦਾ ਹੈ।

32426	754	ਨਾਨਕ ਸਚੁ ਵਡਿਆਈ ਪਾਏ ਜਿਸ ਨੋ ਹਰਿ ਕਿਰਪਾ ਧਾਰੀ॥੮॥੨॥		Naanak Sach Vaddiaaee Paaeae Jis No Har Kirapaa Dhhaaree ||8||2||	O Nanak, true glory is bestowed, when the Lord showers His Mercy. ||8||2||	ਹੇ ਨਾਨਕ! ਜਿਸ ਮਨੁੱਖ ਉਤੇ ਪਰਮਾਤਮਾ ਆਪ ਕਿਰਪਾ ਕਰਦਾ ਹੈ, ਉਸ ਨੂੰ ਆਪਣਾ ਸਦਾ-ਥਿਰ ਨਾਮ ਬਖ਼ਸ਼ਦਾ ਹੈ (ਇਹੀ ਉਸ ਵਾਸਤੇ ਸਭ ਤੋਂ ਵੱਡੀ) ਇੱਜ਼ਤ ਹੈ ॥੮॥੨॥
32427	755	ਰਾਗੁ ਸੂਹੀ ਮਹਲਾ ੩ ਘਰੁ ੧੦		Raag Soohee Mehalaa 3 Ghar 10	Raag Soohee, Third Mehl, Tenth House:	ਰਾਗ ਸੂਹੀ, ਘਰ ੧੦ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।
32428	755	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32429	755	ਦੁਨੀਆ ਨ ਸਾਲਾਹਿ ਜੋ ਮਰਿ ਵੰਞਸੀ॥		Dhuneeaa N Saalaahi Jo Mar Vannjasee ||	Do not praise the world; it shall simply pass away.	ਹੇ ਭਾਈ! ਦੁਨੀਆ ਦੀ ਖ਼ੁਸ਼ਾਮਦ ਨਾਹ ਕਰਦਾ ਫਿਰ, ਦੁਨੀਆ ਤਾਂ ਨਾਸ ਹੋ ਜਾਇਗੀ।
32430	755	ਲੋਕਾ ਨ ਸਾਲਾਹਿ ਜੋ ਮਰਿ ਖਾਕੁ ਥੀਈ॥੧॥	ਥੀ-ਈ	Lokaa N Saalaahi Jo Mar Khaak Thheeee ||1||	Do not praise other people; they shall die and turn to dust. ||1||	ਲੋਕਾਂ ਨੂੰ ਭੀ ਨਾਹ ਵਡਿਆਉਂਦਾ ਫਿਰ, ਖ਼ਲਕਤ ਭੀ ਮਰ ਕੇ ਮਿੱਟੀ ਹੋ ਜਾਇਗੀ ॥੧॥
32431	755	ਵਾਹੁ ਮੇਰੇ ਸਾਹਿਬਾ ਵਾਹੁ॥		Vaahu Maerae Saahibaa Vaahu ||	Waaho! Waaho! Hail, hail to my Lord and Master.	ਹੇ ਮੇਰੇ ਮਾਲਕ! ਤੂੰ ਧੰਨ ਹੈਂ! ਤੂੰ ਹੀ ਸਲਾਹੁਣ-ਜੋਗ ਹੈਂ।

32432	755	ਗੁਰਮੁਖਿ ਸਦਾ ਸਲਾਹੀਐ ਸਚਾ ਵੇਪਰਵਾਹੁ॥੧॥ਰਹਾਉ॥		Guramukh Sadhaa Salaaheeai Sachaa Vaeparavaahu ||1|| Rehaao ||	As Gurmukh, forever praise the One who is forever True, Independent and Carefree. ||1||Pause||	ਹੇ ਭਾਈ! ਗੁਰੂ ਦੀ ਸਰਨ ਪੈ ਕੇ ਸਦਾ ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ ਜੋ ਸਦਾ ਕਾਇਮ ਰਹਿਣ ਵਾਲਾ ਹੈ, ਅਤੇ ਜਿਸ ਨੂੰ ਕਿਸੇ ਦੀ ਮੁਥਾਜੀ ਨਹੀਂ ਹੈ ॥੧॥ ਰਹਾਉ ॥
32433	755	ਦੁਨੀਆ ਕੇਰੀ ਦੋਸਤੀ ਮਨਮੁਖ ਦਝਿ ਮਰੰਨਿ॥	ਦੱਝਿ	Dhuneeaa Kaeree Dhosathee Manamukh Dhajh Marann ||	Making worldly friendships, the self-willed manmukhs burn and die.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੁਨੀਆ ਦੀ ਮਿਤ੍ਰਤਾ ਵਿਚ ਹੀ ਸੜ ਮਰਦੇ ਹਨ (ਆਤਮਕ ਜੀਵਨ ਸਾੜ ਕੇ ਸੁਆਹ ਕਰ ਲੈਂਦੇ ਹਨ। ਅੰਤ)
32434	755	ਜਮਪੁਰਿ ਬਧੇ ਮਾਰੀਅਹਿ ਵੇਲਾ ਨ ਲਾਹੰਨਿ॥੨॥		Jam Pur Badhhae Maareeahi Vaelaa N Laahann ||2||	In the City of Death, they are bound and gagged and beaten; this opportunity shall never come again. ||2||	ਜਮਰਾਜ ਦੇ ਦਰ ਤੇ ਚੋਟਾਂ ਖਾਂਦੇ ਹਨ। ਤਦੋਂ ਉਹਨਾਂ ਨੂੰ (ਹੱਥੋਂ ਖੁੰਝਿਆ ਹੋਇਆ ਮਨੁੱਖਾ ਜਨਮ ਦਾ) ਸਮਾ ਨਹੀਂ ਮਿਲਦਾ ॥੨॥
32435	755	ਗੁਰਮੁਖਿ ਜਨਮੁ ਸਕਾਰਥਾ ਸਚੈ ਸਬਦਿ ਲਗੰਨਿ॥		Guramukh Janam Sakaarathhaa Sachai Sabadh Lagann ||	The lives of the Gurmukhs are fruitful and blessed; they are committed to the True Word of the Shabad.	ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹਨਾਂ ਦਾ ਜੀਵਨ ਸਫਲ ਹੋ ਜਾਂਦਾ ਹੈ, ਕਿਉਂਕਿ ਉਹ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਜੁੜੇ ਰਹਿੰਦੇ ਹਨ।

32436	755	ਆਤਮ ਰਾਮੁ ਪ੍ਰਗਾਸਿਆ ਸਹਜੇ ਸੁਖਿ ਰਹੰਨਿ॥੩॥		Aatham Raam Pragaasiaa Sehajae Sukh Rehann ||3||	Their souls are illuminated by the Lord, and they dwell in peace and pleasure. ||3||	ਉਹਨਾਂ ਦੇ ਅੰਦਰ ਸਰਬ-ਵਿਆਪਕ ਪਰਮਾਤਮਾ ਦਾ ਪਰਕਾਸ਼ ਹੋ ਜਾਂਦਾ ਹੈ। ਉਹ ਆਤਮਕ ਅਡੋਲਤਾ ਵਿਚ ਆਨੰਦ ਵਿਚ ਮਗਨ ਰਹਿੰਦੇ ਹਨ ॥੩॥
32437	755	ਗੁਰ ਕਾ ਸਬਦੁ ਵਿਸਾਰਿਆ ਦੂਜੈ ਭਾਇ ਰਚੰਨਿ॥		Gur Kaa Sabadh Visaariaa Dhoojai Bhaae Rachann ||	Those who forget the Word of the Guru's Shabad are engrossed in the love of duality.	ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਬਾਣੀ ਨੂੰ ਭੁਲਾ ਦੇਂਦੇ ਹਨ, ਉਹ ਮਾਇਆ ਦੇ ਮੋਹ ਵਿਚ ਮਸਤ ਰਹਿੰਦੇ ਹਨ,
32438	755	ਤਿਸਨਾ ਭੁਖ ਨ ਉਤਰੈ ਅਨ ਦਿਨੁ ਜਲਤ ਫਿਰੰਨਿ॥੪॥		Thisanaa Bhukh N Outharai Anadhin Jalath Firann ||4||	Their hunger and thirst never leave them, and night and day, they wander around burning. ||4||	ਉਹਨਾਂ ਦੇ ਅੰਦਰੋਂ ਮਾਇਆ ਦੀ ਤ੍ਰੇਹ ਭੁੱਖ ਦੂਰ ਨਹੀਂ ਹੁੰਦੀ, ਉਹ ਹਰ ਵੇਲੇ (ਤ੍ਰਿਸ਼ਨਾ ਦੀ ਅੱਗ ਵਿਚ) ਸੜਦੇ ਫਿਰਦੇ ਹਨ ॥੪॥
32439	755	ਦੁਸਟਾ ਨਾਲਿ ਦੋਸਤੀ ਨਾਲਿ ਸੰਤਾ ਵੈਰੁ ਕਰੰਨਿ॥		Dhusattaa Naal Dhosathee Naal Santhaa Vair Karann ||	Those who make friendships with the wicked, and harbor animosity to the Saints,	ਅਜੇਹੇ ਮਨੁੱਖ ਭੈੜੇ ਬੰਦਿਆਂ ਨਾਲ ਮਿਤ੍ਰਤਾ ਗੰਢੀ ਰੱਖਦੇ ਹਨ, ਅਤੇ ਸੰਤ ਜਨਾਂ ਨਾਲ ਵੈਰ ਕਰਦੇ ਰਹਿੰਦੇ ਹਨ।
32440	755	ਆਪਿ ਡੁਬੇ ਕੁਟੰਬ ਸਿਉ ਸਗਲੇ ਕੁਲ ਡੋਬੰਨਿ॥੫॥		Aap Ddubae Kuttanb Sio Sagalae Kul Ddobann ||5||	Shall drown with their families, and their entire lineage shall be obliterated. ||5||	ਉਹ ਆਪ ਆਪਣੇ ਪਰਵਾਰ ਸਮੇਤ (ਸੰਸਾਰ-ਸਮੁੰਦਰ ਵਿਚ) ਡੁੱਬ ਜਾਂਦੇ ਹਨ, ਆਪਣੀਆਂ ਕੁਲਾਂ ਨੂੰ ਭੀ (ਆਪਣੇ ਹੋਰ ਰਿਸ਼ਤੇਦਾਰਾਂ ਨੂੰ ਭੀ) ਨਾਲ ਹੀ ਡੋਬ ਲੈਂਦੇ ਹਨ ॥੫॥

32441	755	ਨਿੰਦਾ ਭਲੀ ਕਿਸੈ ਕੀ ਨਾਹੀ ਮਨਮੁਖ ਮੁਗਧ ਕਰੰਨਿ॥		Nindhaa Bhalee Kisai Kee Naahee Manamukh Mugadhh Karann ||	It is not good to slander anyone, but the foolish, self-willed manmukhs still do it.	ਹੇ ਭਾਈ! ਕਿਸੇ ਦੀ ਭੀ ਨਿੰਦਾ ਕਰਨੀ ਚੰਗਾ ਕੰਮ ਨਹੀਂ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮੂਰਖ ਮਨੁੱਖ ਹੀ ਨਿੰਦਾ ਕਰਿਆ ਕਰਦੇ ਹਨ।
32442	755	ਮੁਹ ਕਾਲੇ ਤਿਨ ਨਿੰਦਕਾ ਨਰਕੇ ਘੋਰਿ ਪਵੰਨਿ॥੬॥		Muh Kaalae Thin Nindhakaa Narakae Ghor Pavann ||6||	The faces of the slanderers turn black, and they fall into the most horrible hell. ||6||	(ਲੋਕ ਪਰਲੋਕ ਵਿਚ) ਉਹੀ ਬਦਨਾਮੀ ਖੱਟਦੇ ਹਨ, ਅਤੇ ਭਿਆਨਕ ਨਰਕ ਵਿਚ ਪੈਂਦੇ ਹਨ ॥੬॥
32443	755	ਏ ਮਨ ਜੈਸਾ ਸੇਵਹਿ ਤੈਸਾ ਹੋਵਹਿ ਤੇਹੇ ਕਰਮ ਕਮਾਇ॥		Eae Man Jaisaa Saevehi Thaisaa Hovehi Thaehae Karam Kamaae ||	O mind, as you serve, so do you become, and so are the deeds that you do.	ਹੇ (ਮੇਰੇ) ਮਨ! ਤੂੰ ਜਿਹੋ ਜਿਹੇ ਦੀ ਸੇਵਾ-ਭਗਤੀ ਕਰੇਂਗਾ, ਉਹੋ ਜਿਹੇ ਕਰਮ ਕਮਾ ਕੇ ਉਹੋ ਬਣ ਜਾਇੰਗਾ।
32444	755	ਆਪਿ ਬੀਜਿ ਆਪੇ ਹੀ ਖਾਵਣਾ ਕਹਣਾ ਕਿਛੂ ਨ ਜਾਇ॥੭॥		Aap Beej Aapae Hee Khaavanaa Kehanaa Kishhoo N Jaae ||7||	Whatever you yourself plant, that is what you shall have to eat; nothing else can be said about this. ||7||	(ਪ੍ਰਭੂ ਦੀ ਰਜ਼ਾ ਵਿਚ ਇਹ ਨਿਯਮ ਹੈ ਕਿ ਜੀਵ ਨੇ ਇਸ ਕਰਮ-ਭੂਮੀ ਸਰੀਰ ਵਿਚ) ਆਪ ਬੀਜ ਕੇ ਆਪ ਹੀ (ਉਸ ਦਾ) ਫਲ ਖਾਣਾ ਹੁੰਦਾ ਹੈ। ਇਸ ਦੀ ਉਲੰਘਣਾ ਨਹੀਂ ਕੀਤੀ ਜਾ ਸਕਦੀ ॥੭॥
32445	755	ਮਹਾਪੁਰਖਾ ਕਾ ਬੋਲਣਾ ਹੋਵੈ ਕਿਤੈ ਪਰਥਾਇ॥		Mehaa Purakhaa Kaa Bolanaa Hovai Kithai Parathhaae ||	The speech of the great spiritual beings has a higher purpose.	(ਉੱਚੀ ਆਤਮਾ ਵਾਲੇ) ਮਹਾ ਪੁਰਖਾਂ ਦਾ ਬਚਨ ਕਿਸੇ ਪਰਸੰਗ ਅਨੁਸਾਰ ਹੋਇਆ ਹੈ।

32446	755	ਓਇ ਅੰਮ੍ਰਿਤ ਭਰੇ ਭਰਪੂਰ ਹਹਿ ਓਨਾ ਤਿਲੁ ਨ ਤਮਾਇ॥੮॥		Oue Anmrith Bharae Bharapoor Hehi Ounaa Thil N Thamaae ||8||	They are filled to over-flowing with Ambrosial Nectar, and they have absolutely no greed at all. ||8||	ਉਹ ਮਹਾ ਪੁਰਖ ਆਤਮਕ ਜੀਵਨ ਦੇਣ ਵਾਲੇ ਨਾਮ-ਰਸ ਨਾਲ ਭਰਪੂਰ ਰਹਿੰਦੇ ਹਨ, ਉਹਨਾਂ ਨੂੰ ਕਿਸੇ ਸੇਵਾ ਆਦਿਕ ਦਾ ਲਾਲਚ ਨਹੀਂ ਹੁੰਦਾ (ਪਰ ਜੇਹੜਾ ਮਨੁੱਖ ਉਹਨਾਂ ਦੀ ਸੇਵਾ ਕਰਦਾ ਹੈ, ਉਸ ਨੂੰ ਉਹਨਾਂ ਪਾਸੋਂ ਆਤਮਕ ਜੀਵਨ ਮਿਲ ਜਾਂਦਾ ਹੈ) ॥੮॥
32447	755	ਗੁਣਕਾਰੀ ਗੁਣ ਸੰਘਰੈ ਅਵਰਾ ਉਪਦੇਸੇਨਿ॥	(ਗੁਣਕਾਰੀ)ਪਰਉਪਕਾਰੀ।(ਸੰਘਰੈ)ਇਕੱਤ੍ਰ। ਉਪਦੇਸੇ-ਨਿ	Gunakaaree Gun Sangharai Avaraa Oupadhaesaen ||	The virtuous accumulate virtue, and teach others.	ਉਹ ਮਹਾ ਪੁਰਖ ਹੋਰਨਾਂ ਨੂੰ (ਭੀ ਨਾਮ ਜਪਣ ਦਾ) ਉਪਦੇਸ਼ ਕਰਦੇ ਹਨ। ਗੁਣ ਗ੍ਰਹਿਣ ਕਰਨ ਵਾਲਾ ਮਨੁੱਖ (ਉਹਨਾਂ ਪਾਸੋਂ) ਗੁਣ ਗ੍ਰਹਿਣ ਕਰ ਲੈਂਦਾ ਹੈ।
32448	755	ਸੇ ਵਡਭਾਗੀ ਜਿ ਓਨਾ ਮਿਲਿ ਰਹੇ ਅਨ ਦਿਨੁ ਨਾਮੁ ਲਏਨਿ॥੯॥	ਲਏ-ਨਿ	Sae Vaddabhaagee J Ounaa Mil Rehae Anadhin Naam Leaen ||9||	Those who meet with them are so very fortunate; night and day, they chant the Naam, the Name of the Lord. ||9||	ਸੋ, ਜੇਹੜੇ ਮਨੁੱਖ ਉਹਨਾਂ ਮਹਾ ਪੁਰਖਾਂ ਦੀ ਸੰਗਤਿ ਵਿਚ ਰਹਿੰਦੇ ਹਨ, ਉਹ ਵੱਡੇ ਭਾਗਾਂ ਵਾਲੇ ਹੋ ਜਾਂਦੇ ਹਨ, ਉਹ ਭੀ ਹਰ ਵੇਲੇ ਨਾਮ ਜਪਣ ਲੱਗ ਪੈਂਦੇ ਹਨ ॥੯॥
32449	755	ਦੇਸੀ ਰਿਜਕੁ ਸੰਬਾਹਿ ਜਿਨਿ ਉਪਾਈ ਮੇਦਨੀ॥		Dhaesee Rijak Sanbaahi Jin Oupaaee Maedhanee ||	He who created the Universe, gives sustenance to it.	ਹੇ ਭਾਈ! ਜਿਸ ਪਰਮਾਤਮਾ ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ ਉਹ ਆਪ ਹੀ ਸਭ ਜੀਵਾਂ ਨੂੰ ਰਿਜ਼ਕ ਅਪੜਾਂਦਾ ਹੈ।

32450	755	ਏਕੋ ਹੈ ਦਾਤਾਰੁ ਸਚਾ ਆਪਿ ਧਣੀ॥੧੦॥		Eaeko Hai Dhaathaar Sachaa Aap Dhhanee ||10||	The One Lord alone is the Great Giver. He Himself is the True Master. ||10||	ਉਹੀ ਆਪ ਸਭ ਦਾਤਾਂ ਦੇਣ ਵਾਲਾ ਹੈ। ਉਹ ਮਾਲਕ ਸਦਾ ਕਾਇਮ ਰਹਿਣ ਵਾਲਾ (ਭੀ) ਹੈ ॥੧੦॥
32451	755	ਸੋ ਸਚੁ ਤੇਰੈ ਨਾਲਿ ਹੈ ਗੁਰਮੁਖਿ ਨਦਰਿ ਨਿਹਾਲਿ॥		So Sach Thaerai Naal Hai Guramukh Nadhar Nihaal ||	That True Lord is always with you; the Gurmukh is blessed with His Glance of Grace.	ਹੇ ਭਾਈ! ਉਹ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਤੇਰੇ ਅੰਗ-ਸੰਗ ਵੱਸਦਾ ਹੈ। ਗੁਰੂ ਦੀ ਸਰਨ ਪੈ ਕੇ ਤੂੰ ਉਸ ਨੂੰ ਆਪਣੀ ਅੱਖੀਂ ਵੇਖ ਲੈ।
32452	755	ਆਪੇ ਬਖਸੇ ਮੇਲਿ ਲਏ ਸੋ ਪ੍ਰਭੁ ਸਦਾ ਸਮਾਲਿ॥੧੧॥		Aapae Bakhasae Mael Leae So Prabh Sadhaa Samaal ||11||	He Himself shall forgive you, and merge you into Himself; forever cherish and contemplate God. ||11||	(ਜਿਸ ਮਨੁੱਖ ਉਤੇ ਉਹ) ਆਪ ਹੀ ਬਖ਼ਸ਼ਸ਼ ਕਰਦਾ ਹੈ ਉਸ ਨੂੰ ਆਪ ਹੀ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ। ਹੇ ਭਾਈ! ਉਸ ਪ੍ਰਭੂ ਨੂੰ ਸਦਾ ਆਪਣੇ ਹਿਰਦੇ ਵਿਚ ਵਸਾਈ ਰੱਖ ॥੧੧॥
32453	755	ਮਨੁ ਮੈਲਾ ਸਚੁ ਨਿਰਮਲਾ ਕਿਉ ਕਰਿ ਮਿਲਿਆ ਜਾਇ॥		Man Mailaa Sach Niramalaa Kio Kar Miliaa Jaae ||	The mind is impure; only the True Lord is pure. So how can it merge into Him?	ਹੇ ਭਾਈ! ਉਹ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ (ਸਦਾ) ਪਵਿਤ੍ਰ ਹੈ, (ਜਦੋਂ ਤਕ ਮਨੁੱਖ ਦਾ) ਮਨ (ਵਿਕਾਰਾਂ ਨਾਲ) ਮੈਲਾ ਰਹੇ, ਉਸ ਪਰਮਾਤਮਾ ਨਾਲ ਮਿਲਾਪ ਨਹੀਂ ਹੋ ਸਕਦਾ।

32454	755	ਪ੍ਰਭੁ ਮੇਲੇ ਤਾ ਮਿਲਿ ਰਹੈ ਹਉਮੈ ਸਬਦਿ ਜਲਾਇ॥੧੨॥		Prabh Maelae Thaa Mil Rehai Houmai Sabadh Jalaae ||12||	God merges it into Himself, and then it remains merged; through the Word of His Shabad, the ego is burnt away. ||12||	ਜੀਵ ਤਦੋਂ ਹੀ ਉਸ ਪ੍ਰਭੂ ਦੇ ਚਰਨਾਂ ਵਿਚ ਮਿਲ ਸਕਦਾ ਹੈ, ਜਦੋਂ ਪ੍ਰਭੂ ਆਪ ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦੇ ਅੰਦਰ ਦੀ ਹਉਮੈ ਸਾੜ ਕੇ ਉਸ ਨੂੰ ਆਪਣੇ ਨਾਲ ਮਿਲਾਂਦਾ ਹੈ ॥੧੨॥
32455	755	ਸੋ ਸਹੁ ਸਚਾ ਵੀਸਰੈ ਧ੍ਰਿਗੁ ਜੀਵਣੁ ਸੰਸਾਰਿ॥		So Sahu Sachaa Veesarai Dhhrig Jeevan Sansaar ||	Cursed is the life in this world, of one who forgets her True Husband Lord.	ਹੇ ਭਾਈ! ਜੇ ਉਹ ਸਦਾ ਕਾਇਮ ਰਹਿਣ ਵਾਲਾ ਖਸਮ-ਪ੍ਰਭੂ ਭੁੱਲ ਜਾਏ, ਤਾਂ ਜਗਤ ਵਿਚ ਜੀਊਣਾ ਫਿਟਕਾਰ-ਜੋਗ ਹੈ।
32456	755	ਨਦਰਿ ਕਰੇ ਨਾ ਵੀਸਰੈ ਗੁਰਮਤੀ ਵੀਚਾਰਿ॥੧੩॥		Nadhar Karae Naa Veesarai Guramathee Veechaar ||13||	The Lord grants His Mercy, and she does not forget Him, if she contemplates the Guru's Teachings. ||13||	ਜਿਸ ਮਨੁੱਖ ਉਤੇ ਪ੍ਰਭੂ ਆਪ ਮੇਹਰ ਦੀ ਨਿਗਾਹ ਕਰਦਾ ਹੈ, ਉਸ ਨੂੰ ਪ੍ਰਭੂ ਨਹੀਂ ਭੁੱਲਦਾ। ਉਹ ਮਨੁੱਖ ਗੁਰੂ ਦੀ ਮਤਿ ਦੀ ਬਰਕਤਿ ਨਾਲ ਹਰਿ-ਨਾਮ ਵਿਚ ਸੁਰਤ ਜੋੜਦਾ ਹੈ ॥੧੩॥
32457	755	ਸਤਿਗੁਰੁ ਮੇਲੇ ਤਾ ਮਿਲਿ ਰਹਾ ਸਾਚੁ ਰਖਾ ਉਰ ਧਾਰਿ॥		Sathigur Maelae Thaa Mil Rehaa Saach Rakhaa Our Dhhaar ||	The True Guru unites her, and so she remains united with Him, with the True Lord enshrined within her heart.	ਹੇ ਭਾਈ! (ਅਸਾਂ ਜੀਵਾਂ ਦਾ ਕੋਈ ਆਪਣਾ ਜ਼ੋਰ ਨਹੀਂ ਚੱਲ ਸਕਦਾ) ਜੇ ਗੁਰੂ (ਮੈਨੂੰ ਪ੍ਰਭੂ ਨਾਲ) ਮਿਲਾ ਦੇਵੇ, ਤਾਂ ਹੀ ਮੈਂ ਮਿਲਿਆ ਰਹਿ ਸਕਦਾ ਹਾਂ, ਅਤੇ ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਮੈਂ ਆਪਣੇ ਹਿਰਦੇ ਵਿਚ ਟਿਕਾ ਕੇ ਰੱਖ ਸਕਦਾ ਹਾਂ।

32458	755	ਮਿਲਿਆ ਹੋਇ ਨ ਵੀਛੁੜੈ ਗੁਰ ਕੈ ਹੇਤਿ ਪਿਆਰਿ॥੧੪॥		Miliaa Hoe N Veeshhurrai Gur Kai Haeth Piaar ||14||	And so united, she will not be separated again; she remains in the love and affection of the Guru. ||14||	ਹੇ ਭਾਈ! ਗੁਰੂ ਦੇ ਪਿਆਰ ਦੀ ਬਰਕਤਿ ਨਾਲ ਜੇਹੜਾ ਮਨੁੱਖ ਪ੍ਰਭੂ-ਚਰਨਾਂ ਵਿਚ ਮਿਲ ਜਾਏ, ਉਹ ਫਿਰ ਕਦੇ ਉਥੋਂ ਨਹੀਂ ਵਿਛੁੜਦਾ ॥੧੪॥
32459	755	ਪਿਰੁ ਸਾਲਾਹੀ ਆਪਣਾ ਗੁਰ ਕੈ ਸਬਦਿ ਵੀਚਾਰਿ॥		Pir Saalaahee Aapanaa Gur Kai Sabadh Veechaar ||	I praise my Husband Lord, contemplating the Word of the Guru's Shabad.	ਹੇ ਭਾਈ! ਗੁਰੂ ਦੇ ਸ਼ਬਦ ਵਿਚ ਸੁਰਤ ਜੋੜ ਕੇ ਤੂੰ ਭੀ ਆਪਣੇ ਖਸਮ-ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਿਆ ਕਰ।
32460	755	ਮਿਲਿ ਪ੍ਰੀਤਮ ਸੁਖੁ ਪਾਇਆ ਸੋਭਾਵੰਤੀ ਨਾਰਿ॥੧੫॥		Mil Preetham Sukh Paaeiaa Sobhaavanthee Naar ||15||	Meeting with my Beloved, I have found peace; I am His most beautiful and happy soul-bride. ||15||	ਪ੍ਰੀਤਮ ਪ੍ਰਭੂ ਨੂੰ ਮਿਲ ਕੇ ਜਿਸ ਜੀਵ-ਇਸਤ੍ਰੀ ਨੇ ਆਤਮਕ ਆਨੰਦ ਪ੍ਰਾਪਤ ਕਰ ਲਿਆ, ਉਸ ਨੇ (ਲੋਕ ਪਰਲੋਕ ਵਿਚ) ਸੋਭਾ ਖੱਟ ਲਈ ॥੧੫॥
32461	755	ਮਨਮੁਖ ਮਨੁ ਨ ਭਿਜਈ ਅਤਿ ਮੈਲੇ ਚਿਤਿ ਕਠੋਰ॥	ਭਿੱਜਈ	Manamukh Man N Bhijee Ath Mailae Chith Kathor ||	The mind of the self-willed manmukh is not softened; his consciousness is totally polluted and stone-hearted.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਦਾ ਮਨ ਪਰਮਾਤਮਾ ਦੇ ਨਾਮ ਵਿਚ ਨਹੀਂ ਭਿੱਜਦਾ (ਹਰਿ-ਨਾਮ ਨਾਲ ਪਿਆਰ ਨਹੀਂ ਪਾਂਦਾ)। ਉਹ ਮਨੁੱਖ ਆਪਣੇ ਮਨ ਵਿਚ ਮੈਲੇ ਅਤੇ ਕਠੋਰ ਰਹਿੰਦੇ ਹਨ।

32462	755	ਸਪੈ ਦੁਧੁ ਪੀਆਈਐ ਅੰਦਰਿ ਵਿਸੁ ਨਿਕੋਰ॥੧੬॥	(ਨਿਕੋਰ)ਨਿਰੀ ਜ਼ਹਿਰ ਨਿਕਲਦੀ ਹੈ। ਸੱਪੈ। ਵਿਸ:ਪੋਲਾ ਬੋਲੋ	Sapai Dhudhh Peeaaeeai Andhar Vis Nikor ||16||	Even if the venomous snake is fed on milk, it shall still be filled with poison. ||16||	ਜੇ ਸੱਪ ਨੂੰ ਦੁੱਧ ਭੀ ਪਿਲਾਇਆ ਜਾਏ, ਤਾਂ ਭੀ ਉਸ ਦੇ ਅੰਦਰ ਨਿਰੋਲ ਜ਼ਹਿਰ ਹੀ ਟਿਕਿਆ ਰਹਿੰਦਾ ਹੈ ॥੧੬॥
32463	755	ਆਪਿ ਕਰੇ ਕਿਸੁ ਆਖੀਐ ਆਪੇ ਬਖਸਣਹਾਰੁ॥		Aap Karae Kis Aakheeai Aapae Bakhasanehaar ||	He Himself does - who else should I ask? He Himself is the Forgiving Lord.	ਹੇ ਭਾਈ! (ਸਭ ਜੀਵਾਂ ਵਿਚ ਵਿਆਪਕ ਹੋ ਕੇ ਸਭ ਕੁਝ) ਪ੍ਰਭੂ ਆਪ ਹੀ ਕਰ ਰਿਹਾ ਹੈ। ਕਿਸ ਨੂੰ (ਚੰਗਾ ਜਾਂ ਮੰਦਾ) ਆਖਿਆ ਜਾ ਸਕਦਾ ਹੈ? (ਕੁਰਾਹੇ ਪਏ ਜੀਵਾਂ ਉਤੇ ਭੀ) ਉਹ ਆਪ ਹੀ ਬਖ਼ਸ਼ਸ਼ ਕਰਨ ਵਾਲਾ ਹੈ।
32464	755	ਗੁਰ ਸਬਦੀ ਮੈਲੁ ਉਤਰੈ ਤਾ ਸਚੁ ਬਣਿਆ ਸੀਗਾਰੁ॥੧੭॥		Gur Sabadhee Mail Outharai Thaa Sach Baniaa Seegaar ||17||	Through the Guru's Teachings, filth is washed away, and then, one is embellished with the ornament of Truth. ||17||	ਜਦੋਂ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਕਿਸੇ ਮਨੁੱਖ ਦੇ ਮਨ ਦੀ) ਮੈਲ ਲਹਿ ਜਾਂਦੀ ਹੈ, ਤਾਂ ਉਸ ਦੇ ਆਤਮਾ ਨੂੰ ਸਦਾ ਕਾਇਮ ਰਹਿਣ ਵਾਲੀ ਸੁੰਦਰਤਾ ਮਿਲ ਜਾਂਦੀ ਹੈ ॥੧੭॥

32465	756	ਸਚਾ ਸਾਹੁ ਸਚੇ ਵਣਜਾਰੇ ਓਥੈ ਕੂੜੇ ਨਾ ਟਿਕੰਨਿ॥		Sachaa Saahu Sachae Vanajaarae Outhhai Koorrae N Ttikann ||	True is the Banker, and True are His traders. The false ones cannot remain there.	ਹੇ ਭਾਈ! (ਹਰਿ-ਨਾਮ-ਸਰਮਾਏ ਦਾ ਮਾਲਕ) ਸ਼ਾਹ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੇ ਨਾਮ ਦਾ ਵਣਜ ਕਰਨ ਵਾਲੇ ਭੀ ਅਟੱਲ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ। ਪਰ ਉਸ ਸ਼ਾਹ ਦੇ ਦਰਬਾਰ ਵਿਚ ਕੂੜੀ ਦੁਨੀਆ ਦੇ ਵਣਜਾਰੇ ਨਹੀਂ ਟਿਕ ਸਕਦੇ।
32466	756	ਓਨਾ ਸਚੁ ਨ ਭਾਵਈ ਦੁਖ ਹੀ ਮਾਹਿ ਪਚੰਨਿ॥੧੮॥	ਪ-ਚੰਨਿ	Ounaa Sach N Bhaavee Dhukh Hee Maahi Pachann ||18||	They do not love the Truth - they are consumed by their pain. ||18||	ਉਹਨਾਂ ਨੂੰ ਸਦਾ-ਥਿਰ ਪ੍ਰਭੂ ਦਾ ਨਾਮ ਪਸੰਦ ਨਹੀਂ ਆਉਂਦਾ, ਤੇ, ਉਹ ਸਦਾ ਦੁੱਖ ਵਿਚ ਹੀ ਖ਼ੁਆਰ ਹੁੰਦੇ ਰਹਿੰਦੇ ਹਨ ॥੧੮॥
32467	756	ਹਉਮੈ ਮੈਲਾ ਜਗੁ ਫਿਰੈ ਮਰਿ ਜੰਮੈ ਵਾਰੋ ਵਾਰ॥		Houmai Mailaa Jag Firai Mar Janmai Vaaro Vaar ||	The world wanders around in the filth of egotism; it dies, and is re-born, over and again.	ਹੇ ਭਾਈ! ਹਉਮੈ (ਦੀ ਮੈਲ) ਨਾਲ ਮੈਲਾ ਹੋਇਆ ਹੋਇਆ ਜਗਤ ਭਟਕ ਰਿਹਾ ਹੈ, ਮੁੜ ਮੁੜ ਜਨਮ ਮਰਨ ਦੇ ਗੇੜ ਵਿਚ ਰਹਿੰਦਾ ਹੈ,
32468	756	ਪਇਐ ਕਿਰਤਿ ਕਮਾਵਣਾ ਕੋਇ ਨ ਮੇਟਣਹਾਰ॥੧੯॥		Paeiai Kirath Kamaavanaa Koe N Maettanehaar ||19||	He acts in accordance with the karma of his past actions, which no one can erase. ||19||	ਪਿਛਲੇ ਜਨਮਾਂ ਦੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਓਹੋ ਜਿਹੇ ਹੀ ਹੋਰ ਕਰਮ ਕਰੀ ਜਾਂਦਾ ਹੈ। (ਕਰਮਾਂ ਦੀ ਬਣੀ ਇਸ ਫਾਹੀ ਨੂੰ) ਕੋਈ ਮਿਟਾ ਨਹੀਂ ਸਕਦਾ ॥੧੯॥

32469	756	ਸੰਤਾ ਸੰਗਤਿ ਮਿਲਿ ਰਹੈ ਤਾ ਸਚਿ ਲਗੈ ਪਿਆਰੁ॥		Santhaa Sangath Mil Rehai Thaa Sach Lagai Piaar ||	But if he joins the Society of the Saints, then he comes to embrace love for the Truth.	ਹੇ ਭਾਈ! ਜੇ ਮਨੁੱਖ ਸਾਧ ਸੰਗਤਿ ਵਿਚ ਟਿਕਿਆ ਰਹੇ, ਤਾਂ ਇਸ ਦਾ ਪਿਆਰ ਸਦਾ-ਥਿਰ ਪ੍ਰਭੂ ਵਿਚ ਬਣ ਜਾਂਦਾ ਹੈ।
32470	756	ਸਚੁ ਸਲਾਹੀ ਸਚੁ ਮਨਿ ਦਰਿ ਸਚੈ ਸਚਿਆਰੁ॥੨੦॥		Sach Salaahee Sach Man Dhar Sachai Sachiaar ||20||	Praising the True Lord with a truthful mind, he becomes true in the Court of the True Lord. ||20||	ਹੇ ਭਾਈ! ਤੂੰ (ਸਾਧ ਸੰਗਤਿ ਵਿਚ ਟਿਕ ਕੇ) ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਿਆ ਕਰ, ਸਦਾ-ਥਿਰ ਪ੍ਰਭੂ ਨੂੰ ਆਪਣੇ ਮਨ ਵਿਚ ਵਸਾ ਲੈ, (ਇਸ ਤਰ੍ਹਾਂ) ਸਦਾ-ਥਿਰ ਪ੍ਰਭੂ ਦੇ ਦਰ ਤੇ ਸੁਰਖ਼-ਰੂ ਹੋਵੇਂਗਾ ॥੨੦॥
32471	756	ਗੁਰ ਪੂਰੇ ਪੂਰੀ ਮਤਿ ਹੈ ਅਹਿ ਨਿਸਿ ਨਾਮੁ ਧਿਆਇ॥		Gur Poorae Pooree Math Hai Ahinis Naam Dhhiaae ||	The Teachings of the Perfect Guru are perfect; meditate on the Naam, the Name of the Lord, day and night.	ਹੇ ਭਾਈ! ਪੂਰੇ ਗੁਰੂ ਦੀ ਮਤਿ ਉਕਾਈ-ਹੀਣ ਹੈ। (ਜੇਹੜਾ ਮਨੁੱਖ ਗੁਰੂ ਦੀ ਪੂਰੀ ਮਤਿ ਲੈ ਕੇ) ਦਿਨ ਰਾਤ ਪਰਮਾਤਮਾ ਦਾ ਨਾਮ ਸਿਮਰਦਾ ਹੈ,
32472	756	ਹਉਮੈ ਮੇਰਾ ਵਡ ਰੋਗੁ ਹੈ ਵਿਚਹੁ ਠਾਕਿ ਰਹਾਇ॥੨੧॥		Houmai Maeraa Vadd Rog Hai Vichahu Thaak Rehaae ||21||	Egotism and self-conceit are terrible diseases; tranquility and stillness come from within. ||21||	ਉਹ ਮਨੁੱਖ ਹਉਮੈ ਅਤੇ ਮਮਤਾ ਦੇ ਵੱਡੇ ਰੋਗ ਨੂੰ ਆਪਣੇ ਅੰਦਰੋਂ ਰੋਕ ਦੇਂਦਾ ਹੈ ॥੨੧॥

32473	756	ਗੁਰੁ ਸਾਲਾਹੀ ਆਪਣਾ ਨਿਵਿ ਨਿਵਿ ਲਾਗਾ ਪਾਇ॥		Gur Saalaahee Aapanaa Niv Niv Laagaa Paae ||	I praise my Guru; bowing down to Him again and again, I fall at His Feet.	ਹੇ ਭਾਈ! (ਜੇ ਪ੍ਰਭੂ ਮੇਹਰ ਕਰੇ, ਤਾਂ) ਮੈਂ ਆਪਣੇ ਗੁਰੂ ਦੀ ਵਡਿਆਈ ਕਰਾਂ, ਨਿਉਂ ਨਿਉਂ ਕੇ ਮੈਂ ਗੁਰੂ ਦੀ ਚਰਨੀਂ ਲੱਗਾਂ,
32474	756	ਤਨੁ ਮਨੁ ਸਉਪੀ ਆਗੈ ਧਰੀ ਵਿਚਹੁ ਆਪੁ ਗਵਾਇ॥੨੨॥		Than Man Soupee Aagai Dhharee Vichahu Aap Gavaae ||22||	I place my body and mind in offering unto Him, eradicating self-conceit from within. ||22||	ਆਪਣੇ ਅੰਦਰੋਂ ਹਉਮੈ ਦੂਰ ਕਰ ਕੇ ਆਪਣਾ ਮਨ ਆਪਣਾ ਤਨ ਗੁਰੂ ਦੇ ਹਵਾਲੇ ਕਰ ਦਿਆਂ, ਗੁਰੂ ਦੇ ਅੱਗੇ ਰੱਖ ਦਿਆਂ ॥੨੨॥
32475	756	ਖਿੰਚੋਤਾਣਿ ਵਿਗੁਚੀਐ ਏਕਸੁ ਸਿਉ ਲਿਵ ਲਾਇ॥		Khinchothaan Vigucheeai Eaekas Sio Liv Laae ||	Indecision leads to ruin; focus your attention on the One Lord.	ਹੇ ਭਾਈ! ਡਾਂਵਾਂ-ਡੋਲ ਹਾਲਤ ਵਿਚ ਰਿਹਾਂ ਖ਼ੁਆਰ ਹੋਈਦਾ ਹੈ। ਇਕ ਪਰਮਾਤਮਾ ਨਾਲ ਹੀ ਸੁਰਤ ਜੋੜੀ ਰੱਖ।
32476	756	ਹਉਮੈ ਮੇਰਾ ਛਡਿ ਤੂ ਤਾ ਸਚਿ ਰਹੈ ਸਮਾਇ॥੨੩॥		Houmai Maeraa Shhadd Thoo Thaa Sach Rehai Samaae ||23||	Renounce egotism and self-conceit, and remain merged in Truth. ||23||	ਆਪਣੇ ਅੰਦਰੋਂ ਹਉਮੈ ਦੂਰ ਕਰ, ਮਮਤਾ ਦੂਰ ਕਰ। (ਜਦੋਂ ਮਨੁੱਖ ਹਉਮੈ ਮਮਤਾ ਦੂਰ ਕਰਦਾ ਹੈ) ਤਦੋਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਹੋਇਆ ਰਹਿੰਦਾ ਹੈ ॥੨੩॥

32477	756	ਸਤਿਗੁਰ ਨੋ ਮਿਲੇ ਸਿ ਭਾਇਰਾ ਸਚੈ ਸਬਦਿ ਲਗੰਨਿ॥	ਭਾਇਰਾਭਾਈ। ਲ-ਗੰਨਿ	Sathigur No Milae S Bhaaeiraa Sachai Sabadh Lagann ||	Those who meet with the True Guru are my Siblings of Destiny; they are committed to the True Word of the Shabad.	ਹੇ ਭਾਈ! (ਮੇਰੇ) ਉਹ ਮਨੁੱਖ ਭਰਾ ਹਨ, ਜੇਹੜੇ ਗੁਰੂ ਦੀ ਸਰਨ ਵਿਚ ਆ ਪਏ ਹਨ, ਅਤੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਚਿੱਤ ਜੋੜਦੇ ਹਨ।
32478	756	ਸਚਿ ਮਿਲੇ ਸੇ ਨ ਵਿਛੁੜਹਿ ਦਰਿ ਸਚੈ ਦਿਸੰਨਿ॥੨੪॥	ਦਿ-ਸੰਨਿ	Sach Milae Sae N Vishhurrehi Dhar Sachai Dhisann ||24||	Those who merge with the True Lord shall not be separated again; they are judged to be True in the Court of the Lord. ||24||	ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਜਾਂਦੇ ਹਨ, ਉਹ (ਫਿਰ ਪ੍ਰਭੂ ਨਾਲੋਂ) ਨਹੀਂ ਵਿਛੁੜਦੇ। ਉਹ ਸਦਾ-ਥਿਰ ਪ੍ਰਭੂ ਦੇ ਦਰ ਤੇ (ਟਿਕੇ ਹੋਏ) ਦਿੱਸਦੇ ਹਨ ॥੨੪॥
32479	756	ਸੇ ਭਾਈ ਸੇ ਸਜਣਾ ਜੋ ਸਚਾ ਸੇਵੰਨਿ॥	ਸੇ-ਵੰਨਿ	Sae Bhaaee Sae Sajanaa Jo Sachaa Saevann ||	They are my Siblings of Destiny, and they are my friends, who serve the True Lord.	ਹੇ ਭਾਈ! ਮੇਰੇ ਉਹ ਮਨੁੱਖ ਭਰਾ ਹਨ ਸੱਜਣ ਹਨ, ਜੇਹੜੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸੇਵਾ-ਭਗਤੀ ਕਰਦੇ ਹਨ।
32480	756	ਅਵਗਣ ਵਿਕਣਿ ਪਲ੍ਹਰਨਿ ਗੁਣ ਕੀ ਸਾਝ ਕਰੰਨ੍ਹਿ॥੨੫॥	ਪੂਰਨ ਗੁਰੂ ਜੀ, ਨਾਮੁ ਵੱਟੇ ਔਗੁਣ ਖ਼ਰੀਦਦੇ ਹਨ, ਪੂਰਨ ਗੁਰੂ ਜੀ ਤੋਂ ਨਾਮੁ ਲੈ ਕੇ, ਗੁਰੂ ਜੀ ਪਾਸ ਅਵਗਣ (ਵਿਕਣਿ) ਤੋਂ, ਸ਼ੁਭ ਗੁਣ ਆਉਣ ਤੋਂ, ਔਗੁਣ (ਪਲ੍ਹਰਨਿ) ਦੂਰ ਹੋ ਜਾਂਦੇ ਹਨ। ਸਾਂਝ	Avagan Vikan Palharan Gun Kee Saajh Karannih ||25||	They sell off their sins and demerits like straw, and enter into the partnership of virtue. ||25||	(ਗੁਣਾਂ, ਦੇ ਵੱਟੇ) ਅਉਗਣ ਵਿਕ ਜਾਣ ਨਾਲ (ਦੂਰ ਹੋ ਜਾਣ ਨਾਲ) ਉਹ ਮਨੁੱਖ (ਆਤਮਕ ਜੀਵਨ ਵਿਚ) ਪ੍ਰਫੁਲਤ ਹੁੰਦੇ ਹਨ, ਉਹ ਮਨੁੱਖ ਪਰਮਾਤਮਾ ਦੇ ਗੁਣਾਂ ਨਾਲ ਸਾਂਝ ਪਾਂਦੇ ਹਨ ॥੨੫॥

32481	756	ਗੁਣ ਕੀ ਸਾਝ ਸੁਖੁ ਊਪਜੈ ਸਚੀ ਭਗਤਿ ਕਰੇਨਿ॥		Gun Kee Saajh Sukh Oopajai Sachee Bhagath Karaen ||	In the partnership of virtue, peace wells up, and they perform true devotional worship service.	ਹੇ ਭਾਈ! ਗੁਰੂ ਨਾਲ (ਆਤਮਕ) ਸਾਂਝ ਦੀ ਬਰਕਤਿ ਨਾਲ (ਉਹਨਾਂ ਦੇ ਅੰਦਰ ਆਤਮਕ ਆਨੰਦ ਪੈਦਾ ਹੁੰਦਾ ਹੈ, ਉਹ ਪਰਮਾਤਮਾ ਦੀ ਅਟੱਲ ਰਹਿਣ ਵਾਲੀ ਭਗਤੀ ਕਰਦੇ ਰਹਿੰਦੇ ਹਨ।
32482	756	ਸਚੁ ਵਣੰਜਹਿ ਗੁਰ ਸਬਦ ਸਿਉ ਲਾਹਾ ਨਾਮੁ ਲਏਨਿ॥੨੬॥	ਵਣੰਜ-ਹਿ।ਲ-ਏਨਿ	Sach Vananjehi Gur Sabadh Sio Laahaa Naam Leaen ||26||	They deal in Truth, through the Word of the Guru's Shabad, and they earn the profit of the Naam. ||26||	ਉਹ ਮਨੁੱਖ ਗੁਰੂ ਦੇ ਸ਼ਬਦ ਨਾਲ ਸਦਾ-ਥਿਰ ਪ੍ਰਭੂ ਦਾ ਨਾਮ ਵਿਹਾਝਦੇ ਹਨ ਅਤੇ ਹਰਿ-ਨਾਮ (ਦਾ) ਲਾਭ ਖੱਟਦੇ ਹਨ ॥੨੬॥
32483	756	ਸੁਇਨਾ ਰੁਪਾ ਪਾਪ ਕਰਿ ਕਰਿ ਸੰਚੀਐ ਚਲੈ ਨ ਚਲਦਿਆ ਨਾਲਿ॥		Sueinaa Rupaa Paap Kar Kar Sancheeai Chalai N Chaladhiaa Naal ||	Gold and silver may be earned by committing sins, but they will not go with you when you die.	ਹੇ ਭਾਈ! (ਕਈ ਕਿਸਮ ਦੇ) ਪਾਪ ਕਰ ਕਰ ਕੇ ਸੋਨਾ ਚਾਂਦੀ (ਆਦਿਕ ਧਨ) ਇਕੱਠਾ ਕਰੀਦਾ ਹੈ, ਪਰ (ਜਗਤ ਤੋਂ) ਤੁਰਨ ਵੇਲੇ (ਉਹ ਧਨ ਮਨੁੱਖ ਦੇ) ਨਾਲ ਨਹੀਂ ਜਾਂਦਾ।
32484	756	ਵਿਣੁ ਨਾਵੈ ਨਾਲਿ ਨ ਚਲਸੀ ਸਭ ਮੁਠੀ ਜਮਕਾਲਿ॥੨੭॥		Vin Naavai Naal N Chalasee Sabh Muthee Jamakaal ||27||	Nothing will go with you in the end, except the Name; all are plundered by the Messenger of Death. ||27||	ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਭੀ ਚੀਜ਼ ਮਨੁੱਖ ਦੇ ਨਾਲ ਨਹੀਂ ਜਾਵੇਗੀ। ਨਾਮ ਤੋਂ ਸੁੰਞੀ ਸਾਰੀ ਲੁਕਾਈ ਆਤਮਕ ਮੌਤ ਦੀ ਹੱਥੀ ਲੁੱਟੀ ਜਾਂਦੀ ਹੈ (ਆਪਣਾ ਆਤਮਕ ਜੀਵਨ ਲੁਟਾ ਬੈਠਦੀ ਹੈ) ॥੨੭॥

32485	756	ਮਨ ਕਾ ਤੋਸਾ ਹਰਿ ਨਾਮੁ ਹੈ ਹਿਰਦੈ ਰਖਹੁ ਸਮ੍ਹਾਲਿ॥		Man Kaa Thosaa Har Naam Hai Hiradhai Rakhahu Samhaal ||	The Lord's Name is the nourishment of the mind; cherish it, and preserve it carefully within your heart.	ਹੇ ਭਾਈ! ਮਨੁੱਖ ਦੇ ਮਨ ਵਾਸਤੇ ਪਰਮਾਤਮਾ ਦਾ ਨਾਮ ਹੀ (ਜੀਵਨ-ਸਫ਼ਰ ਦਾ) ਖ਼ਰਚ ਹੈ। ਇਸ ਸਫ਼ਰ-ਖ਼ਰਚ ਨੂੰ ਆਪਣੇ ਹਿਰਦੇ ਵਿਚ ਸਾਂਭ ਕੇ ਰੱਖੋ।
32486	756	ਏਹੁ ਖਰਚੁ ਅਖੁਟੁ ਹੈ ਗੁਰਮੁਖਿ ਨਿਬਹੈ ਨਾਲਿ॥੨੮॥		Eaehu Kharach Akhutt Hai Guramukh Nibehai Naal ||28||	This nourishment is inexhaustible; it is always with the Gurmukhs. ||28||	ਇਹ ਖ਼ਰਚ ਕਦੇ ਮੁੱਕਣ ਵਾਲਾ ਨਹੀਂ ਹੈ। ਜੇਹੜਾ ਮਨੁੱਖ ਗੁਰੂ ਦੇ ਦੱਸੇ ਰਸਤੇ ਉਤੇ ਤੁਰਦਾ ਹੈ, ਉਸ ਦੇ ਨਾਲ ਇਹ ਸਦਾ ਲਈ ਸਾਥ ਬਣਾਂਦਾ ਹੈ ॥੨੮॥
32487	756	ਏ ਮਨ ਮੂਲਹੁ ਭੁਲਿਆ ਜਾਸਹਿ ਪਤਿ ਗਵਾਇ॥		Eae Man Moolahu Bhuliaa Jaasehi Path Gavaae ||	O mind, if you forget the Primal Lord, you shall depart, having lost your honor.	ਜਗਤ ਦੇ ਮੂਲ ਪਰਮਾਤਮਾ ਤੋਂ ਖੁੰਝੇ ਹੋਏ ਹੇ ਮਨ! (ਜੇ ਤੂੰ ਇਸੇ ਤਰ੍ਹਾਂ ਖੁੰਝਿਆ ਹੀ ਰਿਹਾ, ਤਾਂ) ਆਪਣੀ ਇੱਜ਼ਤ ਗਵਾ ਕੇ (ਇਥੋਂ) ਜਾਵੇਂਗਾ।
32488	756	ਇਹੁ ਜਗਤੁ ਮੋਹਿ ਦੂਜੈ ਵਿਆਪਿਆ ਗੁਰਮਤੀ ਸਚੁ ਧਿਆਇ ॥੨੯॥	ਜੱਗਤੁ	Eihu Jagath Mohi Dhoojai Viaapiaa Guramathee Sach Dhhiaae ||29||	This world is engrossed in the love of duality; follow the Guru's Teachings, and meditate on the True Lord. ||29||	ਇਹ ਜਗਤ ਤਾਂ ਮਾਇਆ ਦੇ ਮੋਹ ਵਿਚ ਫਸਿਆ ਪਿਆ ਹੈ (ਤੂੰ ਇਸ ਨਾਲ ਆਪਣਾ ਮੋਹ ਛੱਡ, ਅਤੇ) ਗੁਰੂ ਦੀ ਮਤਿ ਉਤੇ ਤੁਰ ਕੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਨਾਮ ਸਿਮਰਿਆ ਕਰ ॥੨੯॥
32489	756	ਹਰਿ ਕੀ ਕੀਮਤਿ ਨ ਪਵੈ ਹਰਿ ਜਸੁ ਲਿਖਣੁ ਨ ਜਾਇ॥		Har Kee Keemath N Pavai Har Jas Likhan N Jaae ||	The Lord's value cannot be estimated; the Lord's Praises cannot be written down.	ਹੇ ਭਾਈ! ਪਰਮਾਤਮਾ ਕਿਸੇ ਮੁੱਲ ਤੋਂ ਨਹੀਂ ਮਿਲ ਸਕਦਾ। ਪਰਮਾਤਮਾ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ।

32490	756	ਗੁਰ ਕੈ ਸਬਦਿ ਮਨੁ ਤਨੁ ਰਪੈ ਹਰਿ ਸਿਉ ਰਹੈ ਸਮਾਇ॥੩੦॥	ਰਪੈ:ਪੋਲਾ ਬੋਲੋ	Gur Kai Sabadh Man Than Rapai Har Sio Rehai Samaae ||30||	When one's mind and body are attuned to the Word of the Guru's Shabad, one remains merged in the Lord. ||30||	ਜਿਸ ਮਨੁੱਖ ਦਾ ਮਨ ਅਤੇ ਤਨ ਗੁਰੂ ਦੇ ਸ਼ਬਦ ਵਿਚ ਰੰਗਿਆ ਜਾਂਦਾ ਹੈ, ਉਹ ਸਦਾ ਪਰਮਾਤਮਾ ਵਿਚ ਲੀਨ ਰਹਿੰਦਾ ਹੈ ॥੩੦॥
32491	756	ਸੋ ਸਹੁ ਮੇਰਾ ਰੰਗੁਲਾ ਰੰਗੇ ਸਹਜਿ ਸੁਭਾਇ॥		So Sahu Maeraa Rangulaa Rangae Sehaj Subhaae ||	My Husband Lord is playful; He has imbued me with His Love, with natural ease.	ਹੇ ਭਾਈ! ਮੇਰਾ ਉਹ ਖਸਮ-ਪ੍ਰਭੂ ਆਨੰਦ-ਸਰੂਪ ਹੈ (ਜੇਹੜਾ ਮਨੁੱਖ ਉਸ ਦੇ ਚਰਨਾਂ ਵਿਚ ਆ ਜੁੜਦਾ ਹੈ) ਉਸ ਨੂੰ ਉਹ ਆਤਮਕ ਅਡੋਲਤਾ ਵਿਚ, ਪ੍ਰੇਮ-ਰੰਗ ਵਿਚ ਰੰਗ ਦੇਂਦਾ ਹੈ।
32492	756	ਕਾਮਣਿ ਰੰਗੁ ਤਾ ਚੜੈ ਜਾ ਪਿਰ ਕੈ ਅੰਕਿ ਸਮਾਇ ॥੩੧॥		Kaaman Rang Thaa Charrai Jaa Pir Kai Ank Samaae ||31||	The soul-bride is imbued with His Love, when her Husband Lord merges her into His Being. ||31||	ਜਦੋਂ ਕੋਈ ਜੀਵ-ਇਸਤ੍ਰੀ ਉਸ ਖਸਮ-ਪ੍ਰਭੂ ਦੇ ਚਰਨਾਂ ਵਿਚ ਲੀਨ ਹੋ ਜਾਂਦੀ ਹੈ, ਤਦੋਂ ਉਸ (ਦੀ ਜਿੰਦ) ਨੂੰ ਪ੍ਰੇਮ-ਰੰਗ ਚੜ੍ਹ ਜਾਂਦਾ ਹੈ ॥੩੧॥
32493	756	ਚਿਰੀ ਵਿਛੁੰਨੇ ਭੀ ਮਿਲਨਿ ਜੋ ਸਤਿਗੁਰੁ ਸੇਵੰਨਿ॥	ਵਿ-ਛੁੰਨੇ, ਸੇ-ਵੰਨਿ	Chiree Vishhunnae Bhee Milan Jo Sathigur Saevann ||	Even those who have been separated for so very long, are reunited with Him, when they serve the True Guru.	ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ (ਪ੍ਰਭੂ ਨਾਲੋਂ) ਚਿਰ ਦੇ ਵਿਛੁੜੇ ਹੋਏ ਭੀ (ਪ੍ਰਭੂ ਨੂੰ) ਆ ਮਿਲਦੇ ਹਨ।

32494	756	ਅੰਤਰਿ ਨਵ ਨਿਧਿ ਨਾਮੁ ਹੈ ਖਾਨਿ ਖਰਚਨਿ ਨ ਨਿਖੁਟਈ ਹਰਿ ਗੁਣ ਸਹਜਿ ਰਵੰਨਿ॥੩੨॥	ਰਵੰਨਿ	Anthar Nav Nidhh Naam Hai Khaan Kharachan N Nikhuttee Har Gun Sehaj Ravann ||32||	The nine treasures of the Naam, the Name of the Lord, are deep within the nucleus of the self; consuming them, they are still never exhausted. Chant the Glorious Praises of the Lord, with natural ease. ||32||	ਪਰਮਾਤਮਾ ਦਾ ਨਾਮ (ਜੋ, ਮਾਨੋ, ਧਰਤੀ ਦੇ ਸਾਰੇ) ਨੌ ਖ਼ਜ਼ਾਨੇ (ਹੈ, ਉਹਨਾਂ ਨੂੰ) ਆਪਣੇ ਅੰਦਰ ਹੀ ਲੱਭ ਪੈਂਦਾ ਹੈ। ਉਸ ਨਾਮ-ਖ਼ਜ਼ਾਨੇ ਨੂੰ ਉਹ ਆਪ ਵਰਤਦੇ ਹਨ, ਹੋਰਨਾਂ ਨੂੰ ਵੰਡਦੇ ਹਨ, ਉਹ ਫਿਰ ਭੀ ਨਹੀਂ ਮੁੱਕਦਾ। ਆਤਮਕ ਅਡੋਲਤਾ ਵਿਚ ਟਿਕ ਕੇ ਉਹ ਮਨੁੱਖ ਪਰਮਾਤਮਾ ਦੇ ਗੁਣ ਯਾਦ ਕਰਦੇ ਰਹਿੰਦੇ ਹਨ ॥੩੨॥
32495	756	ਨਾ ਓਇ ਜਨਮਹਿ ਨਾ ਮਰਹਿ ਨਾ ਓਇ ਦੁਖ ਸਹੰਨਿ॥	ਸ-ਹੰਨਿ	Naa Oue Janamehi Naa Marehi Naa Oue Dhukh Sehann ||	They are not born, and they do not die; they do not suffer in pain.	ਹੇ ਭਾਈ! (ਗੁਰੂ ਦੀ ਸਰਨ ਆ ਪਏ) ਉਹ ਮਨੁੱਖ ਨਾਹ ਜੰਮਦੇ ਹਨ ਨਾਹ ਮਰਦੇ ਹਨ, ਨਾਹ ਹੀ ਉਹ (ਜਨਮ ਮਰਨ ਦੇ ਗੇੜ ਦੇ) ਦੁੱਖ ਸਹਾਰਦੇ ਹਨ।
32496	756	ਗੁਰਿ ਰਾਖੇ ਸੇ ਉਬਰੇ ਹਰਿ ਸਿਉ ਕੇਲ ਕਰੰਨਿ॥੩੩॥	ਕ-ਰੰਨਿ	Gur Raakhae Sae Oubarae Har Sio Kael Karann ||33||	Those who are protected by the Guru are saved. They celebrate with the Lord. ||33||	ਜਿਨ੍ਹਾਂ ਦੀ ਰੱਖਿਆ ਗੁਰੂ ਨੇ ਕਰ ਦਿੱਤੀ ਹੈ, ਉਹ (ਜਨਮ ਮਰਨ ਦੇ ਗੇੜ ਤੋਂ) ਬਚ ਗਏ। ਉਹ ਸਦਾ ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਆਤਮਕ ਆਨੰਦ ਮਾਣਦੇ ਹਨ ॥੩੩॥

32497	756	ਸਜਣ ਮਿਲੇ ਨ ਵਿਛੁੜਹਿ ਜਿ ਅਨ ਦਿਨੁ ਮਿਲੇ ਰਹੰਨਿ॥	ਰ-ਹੰਨਿ	Sajan Milae N Vishhurrehi J Anadhin Milae Rehann ||	Those who are united with the Lord, the True Friend, are not separated again; night and day, they remain blended with Him.	ਹੇ ਭਾਈ! ਜੇਹੜੇ ਭਲੇ ਮਨੁੱਖ ਹਰ ਵੇਲੇ ਪ੍ਰਭੂ-ਚਰਨਾਂ ਵਿਚ ਜੁੜੇ ਰਹਿੰਦੇ ਹਨ, ਉਹ ਪ੍ਰਭੂ-ਚਰਨਾਂ ਵਿਚ ਮਿਲ ਕੇ ਮੁੜ ਕਦੇ ਨਹੀਂ ਵਿਛੁੜਦੇ।
32498	756	ਇਸੁ ਜਗ ਮਹਿ ਵਿਰਲੇ ਜਾਣੀਅਹਿ ਨਾਨਕ ਸਚੁ ਲਹੰਨਿ॥੩੪॥੧॥੩॥	ਜਾਣੀ-ਅਹਿ, ਲ-ਹੰਨਿ	Eis Jag Mehi Viralae Jaaneeahi Naanak Sach Lehann ||34||1||3||	In this world, only a rare few are known, O Nanak, to have obtained the True Lord. ||34||1||3||	ਪਰ, ਹੇ ਨਾਨਕ! ਇਸ ਜਗਤ ਵਿਚ ਅਜੇਹੇ ਵਿਰਲੇ ਬੰਦੇ ਹੀ ਉੱਘੜਦੇ ਹਨ, ਜੇਹੜੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਮਿਲਾਪ ਪ੍ਰਾਪਤ ਕਰਦੇ ਹਨ ॥੩੪॥੧॥੩॥
32499	756	ਸੂਹੀ ਮਹਲਾ ੩॥		Soohee Mehalaa 3 ||	Soohee, Third Mehl:	
32500	756	ਹਰਿ ਜੀ ਸੂਖਮੁ ਅਗਮੁ ਹੈ ਕਿਤੁ ਬਿਧਿ ਮਿਲਿਆ ਜਾਇ॥		Har Jee Sookham Agam Hai Kith Bidhh Miliaa Jaae ||	The Dear Lord is subtle and inaccessible; how can we ever meet Him?	ਹੇ ਭਾਈ! ਪਰਮਾਤਮਾ ਅਦ੍ਰਿਸ਼ਟ ਹੈ ਅਪਹੁੰਚ ਹੈ, (ਫਿਰ) ਉਸ ਨੂੰ ਕਿਸ ਤਰੀਕੇ ਨਾਲ ਮਿਲਿਆ ਜਾ ਸਕਦਾ ਹੈ?

32501	756	ਗੁਰ ਕੈ ਸਬਦਿ ਭ੍ਰਮੁ ਕਟੀਐ ਅਚਿੰਤੁ ਵਸੈ ਮਨਿ ਆਇ॥੧॥	ਅ-ਚਿੰਤੁ	Gur Kai Sabadh Bhram Katteeai Achinth Vasai Man Aae ||1||	Through the Word of the Guru's Shabad, doubt is dispelled, and the Carefree Lord comes to abide in the mind. ||1||	ਹੇ ਭਾਈ! ਜਦੋਂ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਮਨੁੱਖ ਦੇ ਅੰਦਰੋਂ ਉਸ ਦੇ ਮਨ ਦੀ) ਭਟਕਣਾ ਕੱਟੀ ਜਾਂਦੀ ਹੈ, ਤਦੋਂ ਪਰਮਾਤਮਾ ਸਹਜ ਸੁਭਾਇ (ਆਪ ਹੀ ਮਨੁੱਖ ਦੇ) ਮਨ ਵਿਚ ਆ ਵੱਸਦਾ ਹੈ ॥੧॥
32502	756	ਗੁਰਮੁਖਿ ਹਰਿ ਹਰਿ ਨਾਮੁ ਜਪੰਨਿ॥	ਜ-ਪੰਨਿ	Guramukh Har Har Naam Japann ||	The Gurmukhs chant the Name of the Lord, Har, Har.	ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਸਦਾ ਪਰਮਾਤਮਾ ਦਾ ਨਾਮ ਜਪਦੇ ਹਨ।
32503	757	ਹਉ ਤਿਨ ਕੈ ਬਲਿਹਾਰਣੈ ਮਨਿ ਹਰਿ ਗੁਣ ਸਦਾ ਰਵੰਨਿ॥੧॥ਰਹਾਉ॥	ਰ-ਵੰਨਿ	Ho Thin Kai Balihaaranai Man Har Gun Sadhaa Ravann ||1|| Rehaao ||	I am a sacrifice to those who chant the Glorious Praises of the Lord in their minds forever. ||1||Pause||	ਜੇਹੜੇ ਮਨੁੱਖ ਆਪਣੇ ਮਨ ਵਿਚ ਸਦਾ ਪਰਮਾਤਮਾ ਦੇ ਗੁਣ ਚੇਤੇ ਕਰਦੇ ਰਹਿੰਦੇ ਹਨ, ਮੈਂ ਉਹਨਾਂ ਤੋਂ ਸਦਕੇ ਜਾਂਦਾ ਹਾਂ ॥੧॥ ਰਹਾਉ ॥
32504	757	ਗੁਰੁ ਸਰਵਰੁ ਮਾਨ ਸਰੋਵਰੁ ਹੈ ਵਡਭਾਗੀ ਪੁਰਖ ਲਹੰਨਿ॥	ਲ-ਹੰਨਿ	Gur Saravar Maan Sarovar Hai Vaddabhaagee Purakh Lehannih ||	The Guru is like the Mansarovar Lake; only the very fortunate beings find Him.	ਹੇ ਭਾਈ! ਗੁਰੂ ਇਕ ਸੋਹਣਾ ਸਰ ਹੈ, ਮਾਨ-ਸਰੋਵਰ ਹੈ। ਵੱਡੇ ਭਾਗਾਂ ਵਾਲੇ ਮਨੁੱਖ ਉਸ ਨੂੰ ਲੱਭ ਲੈਂਦੇ ਹਨ।

32505	757	ਸੇਵਕ ਗੁਰਮੁਖਿ ਖੋਜਿਆ ਸੇ ਹੰਸੁਲੇ ਨਾਮੁ ਲਹੰਨਿ॥੨॥	ਲ–ਹੰਨਿ	Saevak Guramukh Khojiaa Sae Hansulae Naam Lehann ||2||	The Gurmukhs, the selfless servants, seek out the Guru; the swan-souls feed there on the Naam, the Name of the Lord. ||2||	ਗੁਰੂ ਦੇ ਸਨਮੁਖ ਰਹਿਣ ਵਾਲੇ ਜਿਨ੍ਹਾਂ ਸੇਵਕਾਂ ਨੇ ਭਾਲ ਕੀਤੀ, ਉਹ ਸੋਹਣੇ ਹੰਸ (-ਗੁਰਸਿੱਖ ਉਸ ਗੁਰੂ-ਮਾਨਸਰੋਵਰ ਵਿਚੋਂ) ਨਾਮ (-ਮੋਤੀ) ਲੱਭ ਲੈਂਦੇ ਹਨ ॥੨॥
32506	757	ਨਾਮੁ ਧਿਆਇਨਿ ਰੰਗ ਸਿਉ ਗੁਰਮੁਖਿ ਨਾਮਿ ਲਗੰਨਿ॥	ਲ–ਗੰਨਿ	Naam Dhhiaaeinih Rang Sio Guramukh Naam Lagannih ||	The Gurmukhs meditate on the Naam, and remain linked to the Naam.	ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪ੍ਰੇਮ ਨਾਲ ਪਰਮਾਤਮਾ ਦਾ ਨਾਮ ਸਿਮਰਦੇ ਹਨ, ਅਤੇ ਨਾਮ ਵਿਚ ਜੁੜੇ ਰਹਿੰਦੇ ਹਨ।
32507	757	ਧੁਰਿ ਪੂਰਬਿ ਹੋਵੈ ਲਿਖਿਆ ਗੁਰ ਭਾਣਾ ਮੰਨਿ ਲਏਨਿ॥੩॥		Dhhur Poorab Hovai Likhiaa Gur Bhaanaa Mann Leaenih ||3||	Whatever is pre-ordained, accept it as the Will of the Guru. ||3||	ਜਿਨ੍ਹਾਂ ਮਨੁੱਖਾਂ ਦੇ ਭਾਗਾਂ ਵਿਚ ਧੁਰ ਦਰਗਾਹ ਤੋਂ ਪਹਿਲੇ ਹੀ ਇਹ ਲੇਖ ਲਿਖਿਆ ਹੁੰਦਾ ਹੈ, ਉਹੀ ਗੁਰੂ ਦੀ ਰਜ਼ਾ ਨੂੰ ਮੰਨਦੇ ਹਨ ॥੩॥
32508	757	ਵਡਭਾਗੀ ਘਰੁ ਖੋਜਿਆ ਪਾਇਆ ਨਾਮੁ ਨਿਧਾਨੁ॥		Vaddabhaagee Ghar Khojiaa Paaeiaa Naam Nidhhaan ||	By great good fortune, I searched my home, and found the treasure of the Naam.	ਹੇ ਭਾਈ! ਜਿਨ੍ਹਾਂ ਵੱਡੇ ਭਾਗਾਂ ਵਾਲੇ ਮਨੁੱਖਾਂ ਨੇ ਆਪਣੇ ਹਿਰਦਾ-ਘਰ ਦੀ ਖੋਜ ਕੀਤੀ, ਉਹਨਾਂ (ਆਪਣੇ ਹਿਰਦੇ ਵਿਚੋਂ ਹੀ) ਪਰਮਾਤਮਾ ਦਾ ਨਾਮ-ਖ਼ਜ਼ਾਨਾ ਲੱਭ ਲਿਆ।

32509	757	ਗੁਰਿ ਪੂਰੈ ਵੇਖਾਲਿਆ ਪ੍ਰਭੁ ਆਤਮ ਰਾਮੁ ਪਛਾਨੁ॥੪॥		Gur Poorai Vaekhaaliaa Prabh Aatham Raam Pashhaan ||4||	The Perfect Guru has shown God to me; I have realized the Lord, the Supreme Soul. ||4||	ਪੂਰੇ ਗੁਰੂ ਨੇ (ਉਹਨਾਂ ਨੂੰ ਉਹਨਾਂ ਦੇ ਅੰਦਰ ਹੀ ਉਹ ਨਾਮ-ਖ਼ਜ਼ਾਨਾ) ਵਿਖਾਲ ਦਿੱਤਾ। ਹੇ ਭਾਈ! ਤੂੰ ਭੀ (ਗੁਰੂ ਦੀ ਸਰਨ ਪੈ ਕੇ) ਉਸ ਸਰਬ-ਵਿਆਪਕ ਪਰਮਾਤਮਾ ਨਾਲ ਡੂੰਘੀ ਸਾਂਝ ਪਾ ॥੪॥
32510	757	ਸਭਨਾ ਕਾ ਪ੍ਰਭੁ ਏਕੁ ਹੈ ਦੂਜਾ ਅਵਰੁ ਨ ਕੋਇ॥		Sabhanaa Kaa Prabh Eaek Hai Dhoojaa Avar N Koe ||	There is One God of all; there is no other at all.	ਹੇ ਭਾਈ! ਇਕ ਪਰਮਾਤਮਾ ਹੀ ਸਭ ਜੀਵਾਂ ਦਾ ਮਾਲਕ ਹੈ, ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ।
32511	757	ਗੁਰ ਪਰਸਾਦੀ ਮਨਿ ਵਸੈ ਤਿਤੁ ਘਟਿ ਪਰਗਟੁ ਹੋਇ॥੫॥		Gur Parasaadhee Man Vasai Thith Ghatt Paragatt Hoe ||5||	By Guru's Grace, the Lord comes to abide in the mind; in the heart of such a one, He is revealed. ||5||	ਗੁਰੂ ਦੀ ਕਿਰਪਾ ਨਾਲ (ਜਿਸ) ਮਨ ਵਿਚ ਆ ਵੱਸਦਾ ਹੈ, ਉਸ ਦੇ ਹਿਰਦੇ ਵਿਚ ਉਹ ਪ੍ਰਤੱਖ ਉੱਘੜ ਹੀ ਪੈਂਦਾ ਹੈ (ਉਸ ਮਨੁੱਖ ਦੇ ਜੀਵਨ ਵਿਚ ਸੁਚੱਜੀ ਤਬਦੀਲੀ ਆ ਜਾਂਦੀ ਹੈ) ॥੫॥
32512	757	ਸਭੁ ਅੰਤਰਜਾਮੀ ਬ੍ਰਹਮੁ ਹੈ ਬ੍ਰਹਮੁ ਵਸੈ ਸਭ ਥਾਇ॥		Sabh Antharajaamee Breham Hai Breham Vasai Sabh Thhaae ||	God is the Inner-knower of all hearts; God dwells in every place.	ਹੇ ਭਾਈ! ਇਹ ਸਾਰਾ ਜਗਤ-ਆਕਾਰ ਉਸ ਅੰਤਰਜਾਮੀ ਪਰਮਾਤਮਾ ਦਾ ਸਰੂਪ ਹੈ। ਹਰੇਕ ਥਾਂ ਵਿਚ ਹੀ ਪਰਮਾਤਮਾ ਵੱਸ ਰਿਹਾ ਹੈ।
32513	757	ਮੰਦਾ ਕਿਸ ਨੋ ਆਖੀਐ ਸਬਦਿ ਵੇਖਹੁ ਲਿਵ ਲਾਇ॥੬॥		Mandhaa Kis No Aakheeai Sabadh Vaekhahu Liv Laae ||6||	So who should we call evil? Behold the Word of the Shabad, and lovingly dwell upon it. ||6||	ਹੇ ਭਾਈ! ਗੁਰੂ ਦੇ ਸ਼ਬਦ ਵਿਚ ਸੁਰਤ ਜੋੜ ਕੇ ਵੇਖੋ (ਹਰੇਕ ਥਾਂ ਉਹੀ ਦਿੱਸੇਗਾ। ਜਦੋਂ ਹਰੇਕ ਥਾਂ ਉਹੀ ਦਿੱਸੇ ਪਏ, ਤਾਂ) ਕਿਸੇ ਨੂੰ ਭੈੜਾ ਆਖਿਆ ਨਹੀਂ ਜਾ ਸਕਦਾ ॥੬॥

32514	757	ਬੁਰਾ ਭਲਾ ਤਿਚਰੁ ਆਖਦਾ ਜਿਚਰੁ ਹੈ ਦੁਹੁ ਮਾਹਿ॥		Buraa Bhalaa Thichar Aakhadhaa Jichar Hai Dhuhu Maahi ||	He calls others bad and good, as long as he is in duality.	ਹੇ ਭਾਈ! ਮਨੁੱਖ ਉਤਨਾ ਚਿਰ ਹੀ ਕਿਸੇ ਹੋਰ ਨੂੰ ਚੰਗਾ ਜਾਂ ਮੰਦਾ ਆਖਦਾ ਹੈ ਜਿਤਨਾ ਚਿਰ ਉਹ ਆਪ ਮੇਰ-ਤੇਰ ਵਿਚ ਰਹਿੰਦਾ ਹੈ।
32515	757	ਗੁਰਮੁਖਿ ਏਕੋ ਬੁਝਿਆ ਏਕਸੁ ਮਾਹਿ ਸਮਾਇ॥੭॥	ਬੁੱਝਿਆ	Guramukh Eaeko Bujhiaa Eaekas Maahi Samaae ||7||	The Gurmukh understands the One and Only Lord; He is absorbed in the One Lord. ||7||	ਜੇਹੜਾ ਮਨੁੱਖ ਗੁਰੂ ਦੇ ਦੱਸੇ ਰਾਹ ਉਤੇ ਤੁਰਦਾ ਹੈ, ਉਹ (ਹਰ ਥਾਂ) ਇਕ ਪ੍ਰਭੂ ਨੂੰ ਹੀ (ਵੱਸਦਾ) ਸਮਝਦਾ ਹੈ, ਉਹ ਇਕ ਪਰਮਾਤਮਾ ਵਿਚ ਹੀ ਲੀਨ ਰਹਿੰਦਾ ਹੈ ॥੭॥
32516	757	ਸੇਵਾ ਸਾ ਪ੍ਰਭ ਭਾਵਸੀ ਜੋ ਪ੍ਰਭੁ ਪਾਏ ਥਾਇ॥		Saevaa Saa Prabh Bhaavasee Jo Prabh Paaeae Thhaae ||	That is selfless service, which pleases God, and which is approved by God.	ਹੇ ਭਾਈ! ਉਹੀ ਸੇਵਾ-ਭਗਤੀ ਪ੍ਰਭੂ ਨੂੰ ਪਸੰਦ ਆਉਂਦੀ ਹੈ, ਜੇਹੜੀ ਪ੍ਰਭੂ ਕਬੂਲ ਕਰਦਾ ਹੈ।
32517	757	ਜਨ ਨਾਨਕ ਹਰਿ ਆਰਾਧਿਆ ਗੁਰ ਚਰਣੀ ਚਿਤੁ ਲਾਇ॥੮॥੨॥੪॥੯॥		Jan Naanak Har Aaraadhhiaa Gur Charanee Chith Laae ||8||2||4||9||	Servant Nanak worships the Lord in adoration; he focuses his consciousness on the Guru's Feet. ||8||2||4||9||	ਹੇ ਦਾਸ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਗੁਰੂ ਦੇ ਚਰਨਾਂ ਵਿਚ ਚਿੱਤ ਜੋੜ ਕੇ ਪਰਮਾਤਮਾ ਦਾ ਆਰਾਧਨ ਕਰਦੇ ਹਨ ॥੮॥੨॥੪॥੯॥
32518	757	ਰਾਗੁ ਸੂਹੀ ਅਸਟਪਦੀਆ ਮਹਲਾ ੪ ਘਰੁ ੨	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Raag Soohee Asattapadheeaa Mehalaa 4 Ghar 2	Raag Soohee, Ashtapadees, Fourth Mehl, Second House:	ਰਾਗ ਸੂਹੀ, ਘਰ ੨ ਵਿੱਚ ਗੁਰੂ ਰਾਮਦਾਸ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।

32519	757	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32520	757	ਕੋਈ ਆਣਿ ਮਿਲਾਵੈ ਮੇਰਾ ਪ੍ਰੀਤਮੁ ਪਿਆਰਾ ਹਉ ਤਿਸੁ ਪਹਿ ਆਪੁ ਵੇਚਾਈ॥੧॥		Koee Aan Milaavai Maeraa Preetham Piaaraa Ho This Pehi Aap Vaechaaee ||1||	If only someone would come, and lead me to meet my Darling Beloved; I would sell myself to him. ||1||	ਹੇ ਭਾਈ! ਜੇ ਕੋਈ (ਸੱਜਣ) ਮੇਰਾ ਪ੍ਰੀਤਮ ਲਿਆ ਕੇ ਮੈਨੂੰ ਮਿਲਾ ਦੇਵੇ, ਤਾਂ ਮੈਂ ਉਸ ਦੇ ਅੱਗੇ ਆਪਣਾ ਆਪ ਵੇਚ ਦਿਆਂ ॥੧॥
32521	757	ਦਰਸਨੁ ਹਰਿ ਦੇਖਣ ਕੈ ਤਾਈ॥	ਤਾਂਈਂ	Dharasan Har Dhaekhan Kai Thaaee ||	I long for the Blessed Vision of the Lord's Darshan.	ਹੇ ਪ੍ਰਭੂ! ਤਾਂ ਤੇਰਾ ਦਰਸਨ ਕਰਨ ਵਾਸਤੇ-
32522	757	ਕ੍ਰਿਪਾ ਕਰਹਿ ਤਾ ਸਤਿਗੁਰੁ ਮੇਲਹਿ ਹਰਿ ਹਰਿ ਨਾਮੁ ਧਿਆਈ॥੧॥ਰਹਾਉ ॥		Kirapaa Karehi Thaa Sathigur Maelehi Har Har Naam Dhhiaaee ||1|| Rehaao ||	When the Lord shows Mercy unto me, then I meet the True Guru; I meditate on the Name of the Lord, Har, Har. ||1||Pause||	ਜੇ ਤੂੰ (ਮੇਰੇ ਉਤੇ) ਮੇਹਰ ਕਰੇਂ, (ਮੈਨੂੰ) ਗੁਰੂ ਮਿਲਾ ਦੇਵੇਂ, ਮੈਂ ਸਦਾ ਤੇਰਾ ਨਾਮ ਸਿਮਰਦਾ ਰਹਾਂਗਾ ॥੧॥ ਰਹਾਉ ॥
32523	757	ਜੇ ਸੁਖੁ ਦੇਹਿ ਤ ਤੁਝਹਿ ਅਰਾਧੀ ਦੁਖ ਭੀ ਤੁਝੈ ਧਿਆਈ॥੨॥		Jae Sukh Dhaehi Th Thujhehi Araadhhee Dhukh Bhee Thujhai Dhhiaaee ||2||	If You will bless me with happiness, then I will worship and adore You. Even in pain, I will meditate on You. ||2||	ਹੇ ਪ੍ਰਭੂ! (ਮੇਹਰ ਕਰ) ਜੇ ਤੂੰ ਮੈਨੂੰ ਸੁਖ ਦੇਵੇਂ, ਤਾਂ ਮੈਂ ਤੈਨੂੰ ਹੀ ਸਿਮਰਦਾ ਰਹਾਂ, ਦੁਖ ਵਿਚ ਭੀ ਮੈਂ ਤੇਰੀ ਹੀ ਆਰਾਧਨਾ ਕਰਦਾ ਰਹਾਂ ॥੨॥

32524	757	ਜੇ ਭੁਖ ਦੇਹਿ ਤ ਇਤ ਹੀ ਰਾਜਾ ਦੁਖ ਵਿਚਿ ਸੂਖ ਮਨਾਈ॥੩॥		Jae Bhukh Dhaehi Th Eith Hee Raajaa Dhukh Vich Sookh Manaaee ||3||	Even if You give me hunger, I will still feel satisfied; I am joyful, even in the midst of sorrow. ||3||	ਹੇ ਪ੍ਰਭੂ! ਜੇ ਤੂੰ ਮੈਨੂੰ ਭੁੱਖਾ ਰੱਖੇਂ, ਤਾਂ ਮੈਂ ਇਸ ਭੁਖ ਵਿਚ ਹੀ ਰੱਜਿਆ ਰਹਾਂਗਾ, ਦੁੱਖਾਂ ਵਿਚ ਮੈਂ ਸੁਖ ਪ੍ਰਤੀਤ ਕਰਾਂਗਾ (ਤੇਰੀ ਇਹ ਮੇਹਰ ਜ਼ਰੂਰ ਹੋ ਜਾਏ ਕਿ ਮੈਨੂੰ ਤੇਰਾ ਦਰਸਨ ਹੋ ਜਾਏ) ॥੩॥
32525	757	ਤਨੁ ਮਨੁ ਕਾਟਿ ਕਾਟਿ ਸਭੁ ਅਰਪੀ ਵਿਚਿ ਅਗਨੀ ਆਪੁ ਜਲਾਈ॥੪॥		Than Man Kaatt Kaatt Sabh Arapee Vich Aganee Aap Jalaaee ||4||	I would cut my mind and body apart into pieces, and offer them all to You; I would burn myself in fire. ||4||	ਹੇ ਪ੍ਰਭੂ! (ਤੇਰਾ ਦਰਸਨ ਕਰਨ ਦੀ ਖ਼ਾਤਰ ਜੇ ਲੋੜ ਪਏ ਤਾਂ) ਮੈਂ ਆਪਣਾ ਸਰੀਰ ਆਪਣਾ ਮਨ ਕੱਟ ਕੱਟ ਕੇ ਸਾਰਾ ਭੇਟਾ ਕਰ ਦਿਆਂਗਾ, ਅੱਗ ਵਿਚ ਆਪਣੇ ਆਪ ਨੂੰ ਸਾੜ (ਭੀ) ਦਿਆਂਗਾ ॥੪॥
32526	757	ਪਖਾ ਫੇਰੀ ਪਾਣੀ ਢੋਵਾ ਜੋ ਦੇਵਹਿ ਸੋ ਖਾਈ ॥੫॥		Pakhaa Faeree Paanee Dtovaa Jo Dhaevehi So Khaaee ||5||	I wave the fan over You, and carry water for You; whatever You give me, I take. ||5||	ਹੇ ਪ੍ਰਭੂ! (ਤੇਰੇ ਦੀਦਾਰ ਦੀ ਖ਼ਾਤਰ, ਤੇਰੀਆਂ ਸੰਗਤਾਂ ਨੂੰ) ਮੈਂ ਪੱਖਾਂ ਝਲਾਂਗਾ, ਪਾਣੀ ਢੋਵਾਂਗਾ, ਜੋ ਕੁਝ ਤੂੰ ਮੈਨੂੰ (ਖਾਣ ਲਈ) ਦੇਵੇਂਗਾ ਉਹੀ (ਖ਼ੁਸ਼ ਹੋ ਕੇ) ਖਾ ਲਵਾਂਗਾ ॥੫॥
32527	757	ਨਾਨਕੁ ਗਰੀਬੁ ਢਹਿ ਪਇਆ ਦੁਆਰੈ ਹਰਿ ਮੇਲਿ ਲੈਹੁ ਵਡਿਆਈ॥੬॥		Naanak Gareeb Dtehi Paeiaa Dhuaarai Har Mael Laihu Vaddiaaee ||6||	Poor Nanak has fallen at the Lord's Door; please, O Lord, unite me with Yourself, by Your Glorious Greatness. ||6||	ਹੇ ਪ੍ਰਭੂ! (ਤੇਰਾ ਦਾਸ) ਗਰੀਬ ਨਾਨਕ ਤੇਰੇ ਦਰ ਤੇ ਆ ਡਿੱਗਾ ਹੈ, ਮੈਨੂੰ ਆਪਣੇ ਚਰਨਾਂ ਵਿਚ ਜੋੜ ਲੈ, ਤੇਰਾ ਇਹ ਉਪਕਾਰ ਹੋਵੇਗਾ ॥੬॥

32528	757	ਅਖੀ ਕਾਢਿ ਧਰੀ ਚਰਣਾ ਤਲਿ ਸਭ ਧਰਤੀ ਫਿਰਿ ਮਤ ਪਾਈ॥੭॥	ਮਤਸਿੱਖਿਆ। ਅੱਖੀਂ। ਤਲਿ:ਪੋਲਾ ਬੋਲੋ	Akhee Kaadt Dhharee Charanaa Thal Sabh Dhharathee Fir Math Paaee ||7||	Taking out my eyes, I place them at Your Feet; after travelling over the entire earth, I have come to understand this. ||7||	ਹੇ ਪ੍ਰਭੂ! (ਜੇ ਲੋੜ ਪਏ ਤਾਂ) ਮੈਂ ਆਪਣੀਆਂ ਅੱਖਾਂ ਕੱਢ ਕੇ (ਗੁਰੂ ਦੇ) ਪੈਰਾਂ ਹੇਠ ਰੱਖ ਦਿਆਂ, ਮੈਂ ਸਾਰੀ ਧਰਤੀ ਉਤੇ ਭਾਲ ਕਰਾਂ ਕਿ ਸ਼ਾਇਦ ਕਿਤੇ ਗੁਰੂ ਲੱਭ ਪਏ ॥੭॥
32529	757	ਜੇ ਪਾਸਿ ਬਹਾਲਹਿ ਤਾ ਤੁਝਹਿ ਅਰਾਧੀ ਜੇ ਮਾਰਿ ਕਢਹਿ ਭੀ ਧਿਆਈ॥੮॥		Jae Paas Behaalehi Thaa Thujhehi Araadhhee Jae Maar Kadtehi Bhee Dhhiaaee ||8||	If You seat me near You, then I worship and adore You. Even if You beat me and drive me out, I will still meditate on You. ||8||	ਹੇ ਪ੍ਰਭੂ! ਜੇ ਤੂੰ ਮੈਨੂੰ ਆਪਣੇ ਕੋਲ ਬਿਠਾਲ ਲਏਂ, ਤਾਂ ਤੈਨੂੰ ਆਰਾਧਦਾ ਰਹਾਂ, ਜੇ ਤੂੰ ਮੈਨੂੰ (ਧੱਕੇ) ਮਾਰ ਕੇ (ਆਪਣੇ ਦਰ ਤੋਂ) ਕੱਢ ਦੇਵੇਂ, ਤਾਂ ਭੀ ਮੈਂ ਤੇਰਾ ਹੀ ਧਿਆਨ ਧਰਦਾ ਰਹਾਂਗਾ ॥੮॥
32530	757	ਜੇ ਲੋਕੁ ਸਲਾਹੇ ਤਾ ਤੇਰੀ ਉਪਮਾ ਜੇ ਨਿੰਦੈ ਤ ਛੋਡਿ ਨ ਜਾਈ॥੯॥		Jae Lok Salaahae Thaa Thaeree Oupamaa Jae Nindhai Th Shhodd N Jaaee ||9||	If people praise me, the praise is Yours. Even if they slander me, I will not leave You. ||9||	ਹੇ ਪ੍ਰਭੂ! ਜੇ ਜਗਤ ਮੈਨੂੰ ਚੰਗਾ ਆਖੇਗਾ, ਤਾਂ (ਅਸਲ ਵਿਚ) ਇਹ ਤੇਰੀ ਹੀ ਵਡਿਆਈ ਹੋਵੇਗੀ, ਜੇ (ਤੇਰੀ ਸਿਫ਼ਤਿ-ਸਾਲਾਹ ਕਰਨ ਤੇ) ਦੁਨੀਆ ਮੇਰੀ ਨਿੰਦਾ ਕਰੇਗੀ, ਤਾਂ ਭੀ ਮੈਂ (ਤੈਨੂੰ) ਛੱਡ ਕੇ ਨਹੀਂ ਜਾਵਾਂਗਾ ॥੯॥

32531	757	ਜੇ ਤੁਧੁ ਵਲਿ ਰਹੈ ਤਾ ਕੋਈ ਕਿਹੁ ਆਖਉ ਤੁਧੁ ਵਿਸਰਿਐ ਮਰਿ ਜਾਈ॥੧੦॥		Jae Thudhh Val Rehai Thaa Koee Kihu Aakho Thudhh Visariai Mar Jaaee ||10||	If You are on my side, then anyone can say anything. But if I were to forget You, then I would die. ||10||	ਹੇ ਪ੍ਰਭੂ! ਜੇ ਮੇਰੀ ਪ੍ਰੀਤ ਤੇਰੇ ਪਾਸੇ ਬਣੀ ਰਹੇ, ਤਾਂ ਬੇਸ਼ੱਕ ਕੋਈ ਕੁਝ ਭੀ ਮੈਨੂੰ ਪਿਆ ਆਖੇ। ਪਰ, ਤੇਰੇ ਵਿਸਰਿਆਂ, ਹੇ ਪ੍ਰਭੂ! ਮੈਂ ਆਤਮਕ ਮੌਤੇ ਮਰ ਜਾਵਾਂਗਾ ॥੧੦॥
32532	757	ਵਾਰਿ ਵਾਰਿ ਜਾਈ ਗੁਰ ਊਪਰਿ ਪੈ ਪੈਰੀ ਸੰਤ ਮਨਾਈ॥੧੧॥	ਪੈਰੀਂ	Vaar Vaar Jaaee Gur Oopar Pai Pairee Santh Manaaee ||11||	I am a sacrifice, a sacrifice to my Guru; falling at His Feet, I surrender to the Saintly Guru. ||11||	ਹੇ ਪ੍ਰਭੂ! (ਤੇਰਾ ਦਰਸਨ ਕਰਨ ਦੀ ਖ਼ਾਤਰ) ਮੈਂ ਗੁਰੂ ਉਤੋਂ ਕੁਰਬਾਨ ਕੁਰਬਾਨ ਜਾਵਾਂਗਾ, ਮੈਂ ਸੰਤ-ਗੁਰੂ ਦੀ ਚਰਨੀਂ ਪੈ ਕੇ ਉਸ ਨੂੰ ਪ੍ਰਸੰਨ ਕਰਾਂਗਾ ॥੧੧॥
32533	757	ਨਾਨਕੁ ਵਿਚਾਰਾ ਭਇਆ ਦਿਵਾਨਾ ਹਰਿ ਤਉ ਦਰਸਨ ਕੈ ਤਾਈ॥੧੨॥	ਤਾਂਈਂ	Naanak Vichaaraa Bhaeiaa Dhivaanaa Har Tho Dharasan Kai Thaaee ||12||	Poor Nanak has gone insane, longing for the Blessed Vision of the Lord's Darshan. ||12||	ਹੇ ਹਰੀ! ਤੇਰਾ ਦਰਸਨ ਕਰਨ ਦੀ ਖ਼ਾਤਰ (ਤੇਰਾ ਦਾਸ) ਵਿਚਾਰਾ ਨਾਨਕ ਕਮਲਾ ਹੋਇਆ ਫਿਰਦਾ ਹੈ ॥੧੨॥

32534	757	ਝਖੜੁ ਝਾਗੀ ਮੀਹੁ ਵਰਸੈ ਭੀ ਗੁਰੁ ਦੇਖਣ ਜਾਈ॥੧੩॥	ਝੱਖੜ। ਝਾਂਗੀ	Jhakharr Jhaagee Meehu Varasai Bhee Gur Dhaekhan Jaaee ||13||	Even in violent storms and torrential rain, I go out to catch a glimpse of my Guru. ||13||	ਹੇ ਪ੍ਰਭੂ! (ਤੇਰਾ ਮਿਲਾਪ ਪ੍ਰਾਪਤ ਕਰਨ ਦੀ ਖ਼ਾਤਰ) ਮੈਂ ਗੁਰੂ ਦਾ ਦਰਸਨ ਕਰਨ ਲਈ ਝੱਖੜ-ਹਨੇਰੀ (ਆਪਣੇ ਸਿਰ ਉਤੇ) ਝੱਲਣ ਨੂੰ ਭੀ ਤਿਆਰ ਹਾਂ, ਜੇ ਮੀਂਹ ਵਰ੍ਹਨ ਲੱਗ ਪਏ ਤਾਂ ਭੀ (ਵਰ੍ਹਦੇ ਮੀਂਹ ਵਿਚ ਹੀ) ਮੈਂ ਗੁਰੂ ਨੂੰ ਵੇਖਣ ਲਈ ਜਾਣ ਨੂੰ ਤਿਆਰ ਹਾਂ ॥੧੩॥
32535	757	ਸਮੁੰਦੁ ਸਾਗਰੁ ਹੋਵੈ ਬਹੁ ਖਾਰਾ ਗੁਰਸਿਖੁ ਲੰਘਿ ਗੁਰ ਪਹਿ ਜਾਈ॥੧੪॥		Samundh Saagar Hovai Bahu Khaaraa Gurasikh Langh Gur Pehi Jaaee ||14||	Even though the oceans and the salty seas are very vast, the GurSikh will cross over it to get to his Guru. ||14||	ਹੇ ਭਾਈ! ਖਾਰਾ ਸਮੁੰਦਰ ਭੀ ਲੰਘਣਾ ਪਏ, ਤਾਂ ਭੀ ਉਸ ਨੂੰ ਲੰਘ ਕੇ ਗੁਰੂ ਦਾ ਸਿੱਖ ਗੁਰੂ ਦੇ ਕੋਲ ਪਹੁੰਚਦਾ ਹੈ ॥੧੪॥
32536	757	ਜਿਉ ਪ੍ਰਾਣੀ ਜਲ ਬਿਨੁ ਹੈ ਮਰਤਾ ਤਿਉ ਸਿਖੁ ਗੁਰ ਬਿਨੁ ਮਰਿ ਜਾਈ॥੧੫॥		Jio Praanee Jal Bin Hai Marathaa Thio Sikh Gur Bin Mar Jaaee ||15||	Just as the mortal dies without water, so does the Sikh die without the Guru. ||15||	ਜਿਵੇਂ ਪ੍ਰਾਣੀ ਪਾਣੀ ਤੋਂ ਮਿਲਣ ਤੋਂ ਬਿਨਾ ਮਰਨ ਲੱਗ ਪੈਂਦਾ ਹੈ, ਤਿਵੇਂ ਸਿੱਖ ਗੁਰੂ ਨੂੰ ਮਿਲਣ ਤੋਂ ਬਿਨਾ ਆਪਣੀ ਆਤਮਕ ਮੌਤ ਆ ਗਈ ਸਮਝਦਾ ਹੈ ॥੧੫॥

32537	758	ਜਿਉ ਧਰਤੀ ਸੋਭ ਕਰੇ ਜਲੁ ਬਰਸੈ ਤਿਉ ਸਿਖੁ ਗੁਰ ਮਿਲਿ ਬਿਗਸਾਈ॥੧੬॥		Jio Dhharathee Sobh Karae Jal Barasai Thio Sikh Gur Mil Bigasaaee ||16||	Just as the earth looks beautiful when the rain falls, so does the Sikh blossom forth meeting the Guru. ||16||	ਜਿਵੇਂ ਜਦੋਂ ਮੀਂਹ ਪੈਂਦਾ ਹੈ ਤਾਂ ਧਰਤੀ ਸੋਹਣੀ ਲੱਗਣ ਲੱਗ ਪੈਂਦੀ ਹੈ, ਤਿਵੇਂ ਸਿੱਖ ਗੁਰੂ ਨੂੰ ਮਿਲ ਕੇ ਪ੍ਰਸੰਨ ਹੁੰਦਾ ਹੈ ॥੧੬॥
32538	758	ਸੇਵਕ ਕਾ ਹੋਇ ਸੇਵਕੁ ਵਰਤਾ ਕਰਿ ਕਰਿ ਬਿਨਉ ਬੁਲਾਈ॥੧੭॥		Saevak Kaa Hoe Saevak Varathaa Kar Kar Bino Bulaaee ||17||	I long to be the servant of Your servants; I call upon You reverently in prayer. ||17||	ਹੇ ਭਾਈ! ਮੈਂ ਗੁਰੂ ਦੇ ਸੇਵਕ ਦਾ ਸੇਵਕ ਬਣ ਕੇ ਉਸ ਦੀ ਕਾਰ ਕਰਨ ਨੂੰ ਤਿਆਰ ਹਾਂ ਮੈਂ ਉਸ ਨੂੰ ਬੇਨਤੀਆਂ ਕਰ ਕਰ ਕੇ (ਖ਼ੁਸ਼ੀ ਨਾਲ) ਸੱਦਾਂਗਾ ॥੧੭॥
32539	758	ਨਾਨਕ ਕੀ ਬੇਨੰਤੀ ਹਰਿ ਪਹਿ ਗੁਰ ਮਿਲਿ ਗੁਰ ਸੁਖੁ ਪਾਈ॥੧੮॥		Naanak Kee Baenanthee Har Pehi Gur Mil Gur Sukh Paaee ||18||	Nanak offers this prayer to the Lord, that he may meet the Guru, and find peace. ||18||	ਨਾਨਕ ਦੀ ਪਰਮਾਤਮਾ ਪਾਸ ਬੇਨਤੀ ਹੈ (-ਹੇ ਪ੍ਰਭੂ! ਮੈਨੂੰ ਗੁਰੂ ਮਿਲਾ) ਗੁਰੂ ਨੂੰ ਮਿਲ ਕੇ ਮੈਨੂੰ ਵੱਡਾ ਆਨੰਦ ਪ੍ਰਾਪਤ ਹੁੰਦਾ ਹੈ ॥੧੮॥
32540	758	ਤੂ ਆਪੇ ਗੁਰੁ ਚੇਲਾ ਹੈ ਆਪੇ ਗੁਰ ਵਿਚੁ ਦੇ ਤੁਝਹਿ ਧਿਆਈ॥੧੯॥	(ਵਿਚੁ)ਵਿਚੋ ਲਗੀ	Thoo Aapae Gur Chaelaa Hai Aapae Gur Vich Dhae Thujhehi Dhhiaaee ||19||	You Yourself are the Guru, and You Yourself are the chaylaa, the disciple; through the Guru, I meditate on You. ||19||	ਹੇ ਪ੍ਰਭੂ! ਤੂੰ ਆਪ ਹੀ ਗੁਰੂ ਹੈਂ, ਤੂੰ ਆਪ ਹੀ ਸਿੱਖ ਹੈਂ। ਮੈਂ ਗੁਰੂ ਦੀ ਰਾਹੀਂ ਤੈਨੂੰ ਹੀ ਧਿਆਉਂਦਾ ਹਾਂ ॥੧੯॥

32541	758	ਜੋ ਤੁਧੁ ਸੇਵਹਿ ਸੋ ਤੂਹੈ ਹੋਵਹਿ ਤੁਧੁ ਸੇਵਕ ਪੈਜ ਰਖਾਈ॥੨੦॥		Jo Thudhh Saevehi So Thoohai Hovehi Thudhh Saevak Paij Rakhaaee ||20||	Those who serve You, become You. You preserve the honor of Your servants. ||20||	ਹੇ ਪ੍ਰਭੂ! ਜੇਹੜੇ ਮਨੁੱਖ ਤੇਰੀ ਸੇਵਾ-ਭਗਤੀ ਕਰਦੇ ਹਨ, ਉਹ ਤੇਰਾ ਹੀ ਰੂਪ ਬਣ ਜਾਂਦੇ ਹਨ। ਤੂੰ ਆਪਣੇ ਸੇਵਕਾਂ ਦੀ ਇੱਜ਼ਤ (ਸਦਾ) ਰੱਖਦਾ ਆਇਆ ਹੈਂ ॥੨੦॥
32542	758	ਭੰਡਾਰ ਭਰੇ ਭਗਤੀ ਹਰਿ ਤੇਰੇ ਜਿਸੁ ਭਾਵੈ ਤਿਸੁ ਦੇਵਾਈ॥੨੧॥		Bhanddaar Bharae Bhagathee Har Thaerae Jis Bhaavai This Dhaevaaee ||21||	O Lord, Your devotional worship is a treasure over-flowing. One who loves You, is blessed with it. ||21||	ਹੇ ਹਰੀ! ਤੇਰੇ ਪਾਸ ਤੇਰੀ ਭਗਤੀ ਦੇ ਖ਼ਜ਼ਾਨੇ ਭਰੇ ਪਏ ਹਨ। ਜਿਸ ਨੂੰ ਤੇਰੀ ਰਜ਼ਾ ਹੁੰਦੀ ਹੈ ਉਸ ਨੂੰ ਤੂੰ (ਗੁਰੂ ਦੀ ਰਾਹੀਂ ਇਹ ਖ਼ਜ਼ਾਨਾ) ਦਿਵਾਂਦਾ ਹੈਂ ॥੨੧॥
32543	758	ਜਿਸੁ ਤੂੰ ਦੇਹਿ ਸੋਈ ਜਨੁ ਪਾਏ ਹੋਰ ਨਿਹਫਲ ਸਭ ਚਤੁਰਾਈ॥੨੨॥		Jis Thoon Dhaehi Soee Jan Paaeae Hor Nihafal Sabh Chathuraaee ||22||	That humble being alone receives it, unto whom You bestow it. All other clever tricks are fruitless. ||22||	ਹੇ ਪ੍ਰਭੂ! (ਤੇਰੀ ਭਗਤੀ ਦਾ ਖ਼ਜ਼ਾਨਾ ਪ੍ਰਾਪਤ ਕਰਨ ਲਈ) ਹਰੇਕ ਸਿਆਣਪ-ਚਤੁਰਾਈ ਵਿਅਰਥ ਹੈ। ਉਹੀ ਮਨੁੱਖ (ਇਹ ਖ਼ਜ਼ਾਨੇ) ਹਾਸਲ ਕਰਦਾ ਹੈ ਜਿਸ ਨੂੰ ਤੂੰ ਆਪ ਦੇਂਦਾ ਹੈ ॥੨੨॥
32544	758	ਸਿਮਰਿ ਸਿਮਰਿ ਸਿਮਰਿ ਗੁਰੁ ਅਪੁਨਾ ਸੋਇਆ ਮਨੁ ਜਾਗਾਈ॥੨੩॥		Simar Simar Simar Gur Apunaa Soeiaa Man Jaagaaee ||23||	Remembering, remembering, remembering my Guru in meditation, my sleeping mind is awakened. ||23||	ਹੇ ਪ੍ਰਭੂ! (ਤੇਰੀ ਮੇਹਰ ਨਾਲ) ਮੈਂ ਆਪਣੇ ਗੁਰੂ ਨੂੰ ਮੁੜ ਮੁੜ ਯਾਦ ਕਰ ਕੇ (ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤੇ ਹੋਏ ਆਪਣੇ ਮਨ ਨੂੰ ਜਗਾਂਦਾ ਰਹਿੰਦਾ ਹਾਂ ॥੨੩॥

32545	758	ਇਕੁ ਦਾਨੁ ਮੰਗੈ ਨਾਨਕੁ ਵੇਚਾਰਾ ਹਰਿ ਦਾਸਨਿ ਦਾਸੁ ਕਰਾਈ॥੨੪॥		Eik Dhaan Mangai Naanak Vaechaaraa Har Dhaasan Dhaas Karaaee ||24||	Poor Nanak begs for this one blessing, that he may become the slave of the slaves of the Lord. ||24||	ਹੇ ਪ੍ਰਭੂ! (ਤੇਰੇ ਦਰ ਤੋਂ ਤੇਰਾ) ਗਰੀਬ (ਦਾਸ) ਨਾਨਕ ਇਕ ਦਾਨ ਮੰਗਦਾ ਹੈ-(ਮੇਹਰ ਕਰ) ਮੈਨੂੰ ਆਪਣੇ ਦਾਸਾਂ ਦਾ ਦਾਸ ਬਣਾਈ ਰੱਖ ॥੨੪॥
32546	758	ਜੇ ਗੁਰੁ ਝਿੜਕੇ ਤ ਮੀਠਾ ਲਾਗੈ ਜੇ ਬਖਸੇ ਤ ਗੁਰ ਵਡਿਆਈ॥੨੫॥		Jae Gur Jhirrakae Th Meethaa Laagai Jae Bakhasae Th Gur Vaddiaaee ||25||	Even if the Guru rebukes me, He still seems very sweet to me. And if He actually forgives me, that is the Guru's greatness. ||25||	ਜੇ ਗੁਰੂ (ਮੈਨੂੰ ਮੇਰੀ ਕਿਸੇ ਭੁੱਲ ਦੇ ਕਾਰਨ) ਝਿੜਕ ਦੇਵੇ, ਤਾਂ ਉਸ ਦੀ ਉਹ ਝਿੜਕ ਮੈਨੂੰ ਪਿਆਰੀ ਲੱਗਦੀ ਹੈ। ਜੇ ਗੁਰੂ ਮੇਰੇ ਉਤੇ ਮੇਹਰ ਦੀ ਨਿਗਾਹ ਕਰਦਾ ਹੈ, ਤਾਂ ਇਹ ਗੁਰੂ ਦਾ ਉਪਕਾਰ ਹੈ (ਮੇਰੇ ਵਿਚ ਕੋਈ ਗੁਣ ਨਹੀਂ) ॥੨੫॥
32547	758	ਗੁਰਮੁਖਿ ਬੋਲਹਿ ਸੋ ਥਾਇ ਪਾਏ ਮਨਮੁਖਿ ਕਿਛੁ ਥਾਇ ਨ ਪਾਈ॥੨੬॥		Guramukh Bolehi So Thhaae Paaeae Manamukh Kishh Thhaae N Paaee ||26||	That which Gurmukh speaks is certified and approved. Whatever the self-willed manmukh says is not accepted. ||26||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਜੇਹੜੇ ਬਚਨ ਬੋਲਦੇ ਹਨ, ਗੁਰੂ ਉਹਨਾਂ ਨੂੰ ਪਰਵਾਨ ਕਰਦਾ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲਿਆਂ ਦਾ ਬੋਲਿਆ ਪਰਵਾਨ ਨਹੀਂ ਹੁੰਦਾ ॥੨੬॥

32548	758	ਪਾਲਾ ਕਕਰੁ ਵਰਫ ਵਰਸੈ ਗੁਰਸਿਖੁ ਗੁਰ ਦੇਖਣ ਜਾਈ॥੨੭॥		Paalaa Kakar Varaf Varasai Gurasikh Gur Dhaekhan Jaaee ||27||	Even in the cold, the frost and the snow, the GurSikh still goes out to see his Guru. ||27||	ਪਾਲਾ ਹੋਵੇ, ਕੱਕਰ ਪਏ, ਬਰਫ਼ ਪਏ, ਫਿਰ ਭੀ ਗੁਰੂ ਦਾ ਸਿੱਖ ਗੁਰੂ ਦਾ ਦਰਸਨ ਕਰਨ ਜਾਂਦਾ ਹੈ ॥੨੭॥
32549	758	ਸਭੁ ਦਿਨਸੁ ਰੈਣਿ ਦੇਖਉ ਗੁਰੁ ਅਪੁਨਾ ਵਿਚਿ ਅਖੀ ਗੁਰ ਪੈਰ ਧਰਾਈ॥੨੮॥	ਅੱਖੀਂ-	Sabh Dhinas Rain Dhaekho Gur Apunaa Vich Akhee Gur Pair Dhharaaee ||28||	All day and night, I gaze upon my Guru; I install the Guru's Feet in my eyes. ||28||	ਮੈਂ ਭੀ ਦਿਨ ਰਾਤ ਹਰ ਵੇਲੇ ਆਪਣੇ ਗੁਰੂ ਦਾ ਦਰਸਨ ਕਰਦਾ ਰਹਿੰਦਾ ਹਾਂ। ਗੁਰੂ ਦੇ ਚਰਨਾਂ ਨੂੰ ਆਪਣੀਆਂ ਅੱਖਾਂ ਵਿਚ ਵਸਾਈ ਰੱਖਦਾ ਹਾਂ ॥੨੮॥
32550	758	ਅਨੇਕ ਉਪਾਵ ਕਰੀ ਗੁਰ ਕਾਰਣਿ ਗੁਰ ਭਾਵੈ ਸੋ ਥਾਇ ਪਾਈ॥੨੯॥		Anaek Oupaav Karee Gur Kaaran Gur Bhaavai So Thhaae Paaee ||29||	I make so many efforts for the sake of the Guru; only that which pleases the Guru is accepted and approved. ||29||	ਜੇ ਮੈਂ ਗੁਰੂ (ਨੂੰ ਪ੍ਰਸੰਨ ਕਰਨ) ਵਾਸਤੇ ਅਨੇਕਾਂ ਹੀ ਜਤਨ ਕਰਦਾ ਰਹਾਂ ਉਹੀ ਜਤਨ ਕਬੂਲ ਹੁੰਦਾ ਹੈ, ਜੇਹੜਾ ਗੁਰੂ ਨੂੰ ਪਸੰਦ ਆਉਂਦਾ ਹੈ ॥੨੯॥
32551	758	ਰੈਣਿ ਦਿਨਸੁ ਗੁਰ ਚਰਣ ਅਰਾਧੀ ਦਇਆ ਕਰਹੁ ਮੇਰੇ ਸਾਈ॥੩੦॥	ਸਾਂਈਂ-	Rain Dhinas Gur Charan Araadhhee Dhaeiaa Karahu Maerae Saaee ||30||	Night and day, I worship the Guru's Feet in adoration; have Mercy upon me, O my Lord and Master. ||30||	ਹੇ ਮੇਰੇ ਖਸਮ-ਪ੍ਰਭੂ! (ਮੇਰੇ ਉਤੇ) ਮੇਹਰ ਕਰ, ਮੈਂ ਦਿਨ ਰਾਤ ਹਰ ਵੇਲੇ ਗੁਰੂ ਦੇ ਚਰਨਾਂ ਦਾ ਧਿਆਨ ਧਰਦਾ ਰਹਾਂ ॥੩੦॥

32552	758	ਨਾਨਕ ਕਾ ਜੀਉ ਪਿੰਡੁ ਗੁਰੂ ਹੈ ਗੁਰ ਮਿਲਿ ਤ੍ਰਿਪਤਿ ਅਘਾਈ॥੩੧॥		Naanak Kaa Jeeo Pindd Guroo Hai Gur Mil Thripath Aghaaee ||31||	The Guru is Nanak's body and soul; meeting the Guru, he is satisfied and satiated. ||31||	ਨਾਨਕ ਦੀ ਜਿੰਦ ਗੁਰੂ ਦੇ ਹਵਾਲੇ ਹੈ, ਨਾਨਕ ਦਾ ਸਰੀਰ ਗੁਰੂ ਦੇ ਚਰਨਾਂ ਵਿਚ ਹੈ। ਗੁਰੂ ਨੂੰ ਮਿਲ ਕੇ ਮੈਂ ਤ੍ਰਿਪਤ ਹੋ ਜਾਂਦਾ ਹਾਂ, ਰੱਜ ਜਾਂਦਾ ਹਾਂ (ਮਾਇਆ ਦੀ ਭੁੱਖ ਨਹੀਂ ਰਹਿ ਜਾਂਦੀ) ॥੩੧॥
32553	758	ਨਾਨਕ ਕਾ ਪ੍ਰਭੁ ਪੂਰਿ ਰਹਿਓ ਹੈ ਜਤ ਕਤ ਤਤ ਗੋਸਾਈ॥੩੨॥੧॥	ਜਤ,ਕਤ,ਤਤ:ਪੋਲਾ ਬੋਲੋ	Naanak Kaa Prabh Poor Rehiou Hai Jath Kath Thath Gosaaee ||32||1||	Nanak's God is perfectly permeating and all-pervading. Here and there and everywhere, the Lord of the Universe. ||32||1||	(ਗੁਰੂ ਦੀ ਕਿਰਪਾ ਨਾਲ ਇਹ ਸਮਝ ਆਉਂਦੀ ਹੈ ਕਿ) ਨਾਨਕ ਦਾ ਪ੍ਰਭੂ ਸ੍ਰਿਸ਼ਟੀ ਦਾ ਖਸਮ ਹਰ ਥਾਂ ਵਿਆਪਕ ਹੋ ਰਿਹਾ ਹੈ ॥੩੨॥੧॥
32554	758	ਰਾਗੁ ਸੂਹੀ ਮਹਲਾ ੪ ਅਸਟਪਦੀਆ ਘਰੁ ੧੦	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Raag Soohee Mehalaa 4 Asattapadheeaa Ghar 10	Raag Soohee, Fourth Mehl, Ashtapadees, Tenth House:	ਰਾਗ ਸੂਹੀ, ਘਰ ੧੦ ਵਿੱਚ ਗੁਰੂ ਰਾਮਦਾਸ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
32555	758	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32556	758	ਅੰਦਰਿ ਸਚਾ ਨੇਹੁ ਲਾਇਆ ਪ੍ਰੀਤਮ ਆਪਣੈ॥		Andhar Sachaa Naehu Laaeiaa Preetham Aapanai ||	Deep within myself, I have enshrined true love for my Beloved.	ਹੇ ਭਾਈ! (ਗੁਰੂ ਨੇ) ਆਪਣੇ ਪਿਆਰੇ ਪ੍ਰਭੂ ਦਾ ਸਦਾ ਕਾਇਮ ਰਹਿਣ ਵਾਲਾ ਪਿਆਰ ਮੇਰੇ ਹਿਰਦੇ ਵਿਚ ਪੈਦਾ ਕਰ ਦਿੱਤਾ ਹੈ,

32557	758	ਤਨੁ ਮਨੁ ਹੋਇ ਨਿਹਾਲੁ ਜਾ ਗੁਰੁ ਦੇਖਾ ਸਾਮ੍ਹਣੇ॥੧॥		Than Man Hoe Nihaal Jaa Gur Dhaekhaa Saamhanae ||1||	My body and soul are in ecstasy; I see my Guru before me. ||1||	(ਤਾਹੀਏਂ) ਜਦੋਂ ਮੈਂ ਗੁਰੂ ਨੂੰ ਆਪਣੇ ਸਾਹਮਣੇ ਵੇਖਦਾ ਹਾਂ, ਤਾਂ ਮੇਰਾ ਤਨ ਮੇਰਾ ਮਨ ਖਿੜ ਪੈਂਦਾ ਹੈ ॥੧॥
32558	758	ਮੈ ਹਰਿ ਹਰਿ ਨਾਮੁ ਵਿਸਾਹੁ॥		Mai Har Har Naam Visaahu ||	I have purchased the Name of the Lord, Har, Har.	ਹੇ ਭਾਈ! ਪੂਰੇ ਗੁਰੂ ਪਾਸੋਂ ਮੈਂ ਉਸ ਪਰਮਾਤਮਾ ਦਾ ਨਾਮ-ਸਰਮਾਇਆ ਪ੍ਰਾਪਤ ਕਰ ਲਿਆ ਹੈ,
32559	758	ਗੁਰ ਪੂਰੇ ਤੇ ਪਾਇਆ ਅੰਮ੍ਰਿਤੁ ਅਗਮ ਅਥਾਹੁ॥੧॥ਰਹਾਉ॥		Gur Poorae Thae Paaeiaa Anmrith Agam Athhaahu ||1|| Rehaao ||	I have obtained the Inaccessible and Unfathomable Ambrosial Nectar from the Perfect Guru. ||1||Pause||	ਜੋ ਆਤਮਕ ਜੀਵਨ ਦੇਣ ਵਾਲਾ ਹੈ, ਜੋ (ਗੁਰੂ ਤੋਂ ਬਿਨਾ) ਅਪਹੁੰਚ ਹੈ, ਜੋ ਬੜੇ ਡੂੰਘੇ ਦਿਲ ਵਾਲਾ ਹੈ ॥੧॥ ਰਹਾਉ ॥
32560	758	ਹਉ ਸਤਿਗੁਰੁ ਵੇਖਿ ਵਿਗਸੀਆ ਹਰਿ ਨਾਮੇ ਲਗਾ ਪਿਆਰੁ॥		Ho Sathigur Vaekh Vigaseeaa Har Naamae Lagaa Piaar ||	Gazing upon the True Guru, I blossom forth in ecstasy; I am in love with the Name of the Lord.	ਹੇ ਭਾਈ! ਗੁਰੂ ਨੂੰ ਵੇਖ ਕੇ ਮੇਰੀ ਜਿੰਦ ਖਿੜ ਪੈਂਦੀ ਹੈ, (ਗੁਰੂ ਦੀ ਕਿਰਪਾ) ਪਰਮਾਤਮਾ ਦੇ ਨਾਮ ਵਿਚ ਮੇਰਾ ਪਿਆਰ ਬਣ ਗਿਆ ਹੈ।
32561	758	ਕਿਰਪਾ ਕਰਿ ਕੈ ਮੇਲਿਅਨੁ ਪਾਇਆ ਮੋਖ ਦੁਆਰੁ॥੨॥		Kirapaa Kar Kai Maelian Paaeiaa Mokh Dhuaar ||2||	Through His Mercy, the Lord has united me with Himself, and I have found the Door of Salvation. ||2||	(ਜਿਨ੍ਹਾਂ ਨੂੰ ਗੁਰੂ ਨੇ) ਮੇਹਰ ਕਰ ਕੇ (ਪਰਮਾਤਮਾ ਦੇ ਚਰਨਾਂ ਨਾਲ) ਜੋੜ ਦਿੱਤਾ, ਉਹਨਾਂ ਨੇ (ਦੁਨੀਆ ਦੇ ਮੋਹ ਤੋਂ) ਖ਼ਲਾਸੀ ਦਾ ਦਰਵਾਜ਼ਾ ਲੱਭ ਲਿਆ ॥੨॥

32562	758	ਸਤਿਗੁਰੁ ਬਿਰਹੀ ਨਾਮ ਕਾ ਜੇ ਮਿਲੈ ਤ ਤਨੁ ਮਨੁ ਦੇਉ॥		Sathigur Birehee Naam Kaa Jae Milai Th Than Man Dhaeo ||	The True Guru is the Lover of the Naam, the Name of the Lord. Meeting Him, I dedicate my body and mind to Him.	ਹੇ ਭਾਈ! ਗੁਰੂ ਪਰਮਾਤਮਾ ਦੇ ਨਾਮ ਦਾ ਪ੍ਰੇਮੀ ਹੈ, ਜੇ ਮੈਨੂੰ ਗੁਰੂ ਮਿਲ ਪਏ ਤਾਂ ਮੈਂ ਆਪਣਾ ਤਨ ਆਪਣਾ ਮਨ ਉਸ ਦੇ ਅੱਗੇ ਭੇਟ ਰੱਖ ਦਿਆਂ।
32563	758	ਜੇ ਪੂਰਬਿ ਹੋਵੈ ਲਿਖਿਆ ਤਾ ਅੰਮ੍ਰਿਤੁ ਸਹਜਿ ਪੀਏਉ॥੩॥		Jae Poorab Hovai Likhiaa Thaa Anmrith Sehaj Peeeaeo ||3||	And if it is so pre-ordained, then I shall automatically drink in the Ambrosial Nectar. ||3||	ਜੇ ਪੂਰਬਲੇ ਸਮੇ ਵਿਚ (ਗੁਰੂ ਦੇ ਮਿਲਾਪ ਦਾ ਲੇਖ ਮੱਥੇ ਉਤੇ) ਲਿਖਿਆ ਹੋਵੇ, ਤਾਂ ਹੀ (ਗੁਰੂ ਪਾਸੋਂ ਲੈ ਕੇ) ਮੈਂ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਆਤਮਕ ਅਡੋਲਤਾ ਵਿਚ ਪੀ ਸਕਦਾ ਹਾਂ ॥੩॥
32564	758	ਸੁਤਿਆ ਗੁਰੁ ਸਾਲਾਹੀਐ ਉਠਦਿਆ ਭੀ ਗੁਰੁ ਆਲਾਉ॥	ਸੁੱਤਿਆਂ	Suthiaa Gur Saalaaheeai Outhadhiaa Bhee Gur Aalaao ||	Praise the Guru while you are asleep, and call on the Guru while you are up.	ਹੇ ਭਾਈ! ਸੁੱਤੇ ਪਿਆਂ ਭੀ ਗੁਰੂ ਦੀ ਵਡਿਆਈ ਕਰਨੀ ਚਾਹੀਦੀ ਹੈ, ਉੱਠਦੇ ਸਾਰ ਭੀ ਮੈਂ ਗੁਰੂ ਦਾ ਨਾਮ ਉਚਾਰਾਂ-
32565	758	ਕੋਈ ਐਸਾ ਗੁਰਮੁਖਿ ਜੇ ਮਿਲੈ ਹਉ ਤਾ ਕੇ ਧੋਵਾ ਪਾਉ॥੪॥		Koee Aisaa Guramukh Jae Milai Ho Thaa Kae Dhhovaa Paao ||4||	If only I could meet such a Gurmukh; I would wash His Feet. ||4||	ਜੇ ਇਹੋ ਜਿਹੀ ਮਤਿ ਦੇਣ ਵਾਲੇ ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਸੱਜਣ ਮੈਨੂੰ ਮਿਲ ਪਏ, ਤਾਂ ਮੈਂ ਉਸ ਦੇ ਪੈਰ ਧੋਵਾਂ ॥੪॥

32566	758	ਕੋਈ ਐਸਾ ਸਜਣੁ ਲੋੜਿ ਲਹੁ ਮੈ ਪ੍ਰੀਤਮੁ ਦੇਇ ਮਿਲਾਇ॥		Koee Aisaa Sajan Lorr Lahu Mai Preetham Dhaee Milaae ||	I long for such a Friend, to unite me with my Beloved.	ਹੇ ਭਾਈ! ਕੋਈ ਅਜੇਹਾ ਸੱਜਣ ਮੈਨੂੰ ਲੱਭ ਦੇਵੇ, ਜੇਹੜਾ ਮੈਨੂੰ ਪ੍ਰੀਤਮ-ਗੁਰੂ ਮਿਲਾ ਦੇਵੇ।
32567	758	ਸਤਿਗੁਰਿ ਮਿਲਿਐ ਹਰਿ ਪਾਇਆ ਮਿਲਿਆ ਸਹਜਿ ਸੁਭਾਇ॥੫॥		Sathigur Miliai Har Paaeiaa Miliaa Sehaj Subhaae ||5||	Meeting the True Guru, I have found the Lord. He has met me, easily and effortlessly. ||5||	ਗੁਰੂ ਦੇ ਮਿਲਿਆਂ ਹੀ ਪਰਮਾਤਮਾ (ਦਾ ਮਿਲਾਪ) ਹਾਸਲ ਹੁੰਦਾ ਹੈ। (ਜਿਸ ਨੂੰ ਗੁਰੂ ਮਿਲ ਪੈਂਦਾ ਹੈ, ਉਸ ਨੂੰ) ਪਰਮਾਤਮਾ ਆਤਮਕ ਅਡੋਲਤਾ ਵਿਚ ਪਿਆਰ-ਰੰਗ ਵਿਚ ਮਿਲ ਪੈਂਦਾ ਹੈ ॥੫॥
32568	759	ਸਤਿਗੁਰੁ ਸਾਗਰੁ ਗੁਣ ਨਾਮ ਕਾ ਮੈ ਤਿਸੁ ਦੇਖਣ ਕਾ ਚਾਉ॥		Sathigur Saagar Gun Naam Kaa Mai This Dhaekhan Kaa Chaao ||	The True Guru is the Ocean of Virtue of the Naam, the Name of the Lord. I have such a yearning to see Him!	ਹੇ ਭਾਈ! ਗੁਰੂ ਗੁਣਾਂ ਦਾ ਸਮੁੰਦਰ ਹੈ, ਪਰਮਾਤਮਾ ਦੇ ਨਾਮ ਦਾ ਸਮੁੰਦਰ ਹੈ। ਉਸ ਗੁਰੂ ਦਾ ਦਰਸਨ ਕਰਨ ਦੀ ਤੈਨੂੰ ਤਾਂਘ ਲੱਗੀ ਹੋਈ ਹੈ।
32569	759	ਹਉ ਤਿਸੁ ਬਿਨੁ ਘੜੀ ਨ ਜੀਵਊ ਬਿਨੁ ਦੇਖੇ ਮਰਿ ਜਾਉ॥੬॥		Ho This Bin Gharree N Jeevoo Bin Dhaekhae Mar Jaao ||6||	Without Him, I cannot live, even for an instant. If I do not see Him, I die. ||6||	ਮੈਂ ਉਸ ਗੁਰੂ ਤੋਂ ਬਿਨਾ ਇਕ ਘੜੀ ਭਰ ਭੀ ਆਤਮਕ ਜੀਵਨ ਕਾਇਮ ਨਹੀਂ ਰੱਖ ਸਕਦਾ। ਗੁਰੂ ਦਾ ਦਰਸਨ ਕਰਨ ਤੋਂ ਬਿਨਾ ਮੇਰੀ ਆਤਮਕ ਮੌਤ ਹੋ ਜਾਂਦੀ ਹੈ ॥੬॥

32570	759	ਜਿਉ ਮਛੁਲੀ ਵਿਣੁ ਪਾਣੀਐ ਰਹੈ ਨ ਕਿਤੈ ਉਪਾਇ॥		Jio Mashhulee Vin Paaneeai Rehai N Kithai Oupaae ||	As the fish cannot survive at all without water,	ਹੇ ਭਾਈ! ਜਿਵੇਂ ਮੱਛੀ ਪਾਣੀ ਤੋਂ ਬਿਨਾ ਹੋਰ ਕਿਸੇ ਭੀ ਜਤਨ ਨਾਲ ਜੀਊਂਦੀ ਨਹੀਂ ਰਹਿ ਸਕਦੀ,
32571	759	ਤਿਉ ਹਰਿ ਬਿਨੁ ਸੰਤੁ ਨ ਜੀਵਈ ਬਿਨੁ ਹਰਿ ਨਾਮੈ ਮਰਿ ਜਾਇ॥੭॥		Thio Har Bin Santh N Jeevee Bin Har Naamai Mar Jaae ||7||	The Saint cannot live without the Lord. Without the Lord's Name, he dies. ||7||	ਤਿਵੇਂ ਪਰਮਾਤਮਾ ਤੋਂ ਬਿਨਾ ਸੰਤ ਭੀ ਜੀਊ ਨਹੀਂ ਸਕਦਾ, ਪਰਮਾਤਮਾ ਦੇ ਨਾਮ ਤੋਂ ਬਿਨਾ ਉਹ ਆਪਣੀ ਆਤਮਕ ਮੌਤ ਸਮਝਦਾ ਹੈ ॥੭॥
32572	759	ਮੈ ਸਤਿਗੁਰ ਸੇਤੀ ਪਿਰਹੜੀ ਕਿਉ ਗੁਰ ਬਿਨੁ ਜੀਵਾ ਮਾਉ॥	ਪਿਰ-ਹੜੀ-	Mai Sathigur Saethee Pireharree Kio Gur Bin Jeevaa Maao ||	I am so much in love with my True Guru! How could I even live without the Guru, O my mother?	ਹੇ ਮਾਂ! ਮੇਰਾ ਆਪਣੇ ਗੁਰੂ ਨਾਲ ਡੂੰਘਾ ਪਿਆਰ ਹੈ। ਗੁਰੂ ਤੋਂ ਬਿਨਾ ਮੈਂ ਕਿਵੇਂ ਜੀਊ ਸਕਦਾ ਹਾਂ?
32573	759	ਮੈ ਗੁਰਬਾਣੀ ਆਧਾਰੁ ਹੈ ਗੁਰਬਾਣੀ ਲਾਗਿ ਰਹਾਉ॥੮॥		Mai Gurabaanee Aadhhaar Hai Gurabaanee Laag Rehaao ||8||	I have the Support of the Word of the Guru's Bani. Attached to Gurbani, I survive. ||8||	ਗੁਰੂ ਦੀ ਬਾਣੀ ਮੇਰਾ ਸਹਾਰਾ ਹੈ। ਗੁਰੂ ਦੀ ਬਾਣੀ ਵਿਚ ਜੁੜ ਕੇ ਹੀ ਮੈਂ ਰਹਿ ਸਕਦਾ ਹਾਂ ॥੮॥

32574	759	ਹਰਿ ਹਰਿ ਨਾਮੁ ਰਤੰਨੁ ਹੈ ਗੁਰੁ ਤੁਠਾ ਦੇਵੈ ਮਾਇ॥	ਤੁੱਠਾ।ਰ-ਤੰਨੁ	Har Har Naam Rathann Hai Gur Thuthaa Dhaevai Maae ||	The Name of the Lord, Har, Har, is a jewel; by the Pleasure of His Will, the Guru has given it, O my mother.	ਹੇ ਮਾਂ! ਪਰਮਾਤਮਾ ਦਾ ਨਾਮ ਰਤਨ (ਵਰਗਾ ਕੀਮਤੀ ਪਦਾਰਥ) ਹੈ। ਗੁਰੂ (ਜਿਸ ਉਤੇ) ਪ੍ਰਸੰਨ (ਹੁੰਦਾ ਹੈ, ਉਸ ਨੂੰ ਇਹ ਰਤਨ) ਦੇਂਦਾ ਹੈ।
32575	759	ਮੈ ਧਰ ਸਚੇ ਨਾਮ ਕੀ ਹਰਿ ਨਾਮਿ ਰਹਾ ਲਿਵ ਲਾਇ॥੯॥		Mai Dhhar Sachae Naam Kee Har Naam Rehaa Liv Laae ||9||	The True Name is my only Support. I remain lovingly absorbed in the Lord's Name. ||9||	ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਨਾਮ ਹੀ ਮੇਰਾ ਆਸਰਾ ਬਣ ਚੁਕਾ ਹੈ। ਪ੍ਰਭੂ ਦੇ ਨਾਮ ਵਿਚ ਸੁਰਤ ਜੋੜ ਕੇ ਹੀ ਮੈਂ ਰਹਿ ਸਕਦਾ ਹਾਂ ॥੯॥
32576	759	ਗੁਰ ਗਿਆਨੁ ਪਦਾਰਥੁ ਨਾਮੁ ਹੈ ਹਰਿ ਨਾਮੋ ਦੇਇ ਦ੍ਰਿੜਾਇ॥		Gur Giaan Padhaarathh Naam Hai Har Naamo Dhaee Dhrirraae ||	The wisdom of the Guru is the treasure of the Naam. The Guru implants and enshrines the Lord's Name.	ਹੇ ਭਾਈ! ਗੁਰੂ ਦੀ ਦਿੱਤੀ ਹੋਈ ਆਤਮਕ ਜੀਵਨ ਦੀ ਸੂਝ ਇਕ ਕੀਮਤੀ ਚੀਜ਼ ਹੈ। ਗੁਰੂ ਦਾ ਦਿੱਤਾ ਹੋਇਆ ਹਰਿ-ਨਾਮ ਕੀਮਤੀ ਪਦਾਰਥ ਹੈ।
32577	759	ਜਿਸੁ ਪਰਾਪਤਿ ਸੋ ਲਹੈ ਗੁਰ ਚਰਣੀ ਲਾਗੈ ਆਇ॥੧੦॥		Jis Paraapath So Lehai Gur Charanee Laagai Aae ||10||	He alone receives it, he alone gets it, who comes and falls at the Guru's Feet. ||10||	ਜਿਸ ਮਨੁੱਖ ਦੇ ਭਾਗਾਂ ਵਿਚ ਇਸ ਦੀ ਪ੍ਰਾਪਤੀ ਲਿਖੀ ਹੈ, ਉਹ ਮਨੁੱਖ ਗੁਰੂ ਦੀ ਚਰਨੀਂ ਆ ਲੱਗਦਾ ਹੈ, ਤੇ ਇਹ ਪਦਾਰਥ ਹਾਸਲ ਕਰ ਲੈਂਦਾ ਹੈ। ਗੁਰੂ ਉਸ ਦੇ ਹਿਰਦੇ ਵਿਚ ਹਰਿ-ਨਾਮ ਪੱਕਾ ਕਰ ਦੇਂਦਾ ਹੈ ॥੧੦॥

32578	759	ਅਕਥ ਕਹਾਣੀ ਪ੍ਰੇਮ ਕੀ ਕੋ ਪ੍ਰੀਤਮੁ ਆਖੈ ਆਇ॥	ਅ-ਕਥ:ਪੋਲਾ ਬੋਲੋ	Akathh Kehaanee Praem Kee Ko Preetham Aakhai Aae ||	If only someone would come and tell me the Unspoken Speech of the Love of my Beloved.	ਹੇ ਭਾਈ! ਪ੍ਰਭੂ ਦੇ ਪ੍ਰੇਮ ਦੀ ਕਹਾਣੀ ਹਰ ਕੋਈ ਬਿਆਨ ਨਹੀਂ ਕਰ ਸਕਦਾ। ਜੇ ਕੋਈ ਪਿਆਰਾ ਸੱਜਣ ਮੈਨੂੰ ਆ ਕੇ ਇਹ ਕਹਾਣੀ ਸੁਣਾਏ,
32579	759	ਤਿਸੁ ਦੇਵਾ ਮਨੁ ਆਪਣਾ ਨਿਵਿ ਨਿਵਿ ਲਾਗਾ ਪਾਇ॥੧੧॥		This Dhaevaa Man Aapanaa Niv Niv Laagaa Paae ||11||	I would dedicate my mind to him; I would bow down in humble respect, and fall at his feet. ||11||	ਤਾਂ ਮੈਂ ਆਪਣਾ ਮਨ ਉਸ ਦੇ ਹਵਾਲੇ ਕਰ ਦਿਆਂ, ਲਿਫ਼ ਲਿਫ਼ ਕੇ ਉਸ ਦੇ ਪੈਰਾਂ ਤੇ ਢਹਿ ਪਵਾਂ ॥੧੧॥
32580	759	ਸਜਣੁ ਮੇਰਾ ਏਕੁ ਤੂੰ ਕਰਤਾ ਪੁਰਖੁ ਸੁਜਾਣੁ॥		Sajan Maeraa Eaek Thoon Karathaa Purakh Sujaan ||	You are my only Friend, O my All-knowing, All-powerful Creator Lord.	ਹੇ ਪ੍ਰਭੂ! ਸਿਰਫ਼ ਤੂੰ ਹੀ ਮੇਰਾ (ਅਸਲ) ਸੱਜਣ ਹੈਂ। ਤੂੰ ਸਭ ਦਾ ਪੈਦਾ ਕਰਨ ਵਾਲਾ ਹੈਂ, ਸਭ ਵਿਚ ਵਿਆਪਕ ਹੈਂ, ਸਭ ਦੀ ਜਾਣਨ ਵਾਲਾ ਹੈਂ।
32581	759	ਸਤਿਗੁਰਿ ਮੀਤਿ ਮਿਲਾਇਆ ਮੈ ਸਦਾ ਸਦਾ ਤੇਰਾ ਤਾਣੁ॥੧੨॥		Sathigur Meeth Milaaeiaa Mai Sadhaa Sadhaa Thaeraa Thaan ||12||	You have brought me to meet with my True Guru. Forever and ever, You are my only strength. ||12||	ਮਿੱਤਰ ਗੁਰੂ ਨੇ ਮੈਨੂੰ ਤੇਰੇ ਨਾਲ ਮਿਲਾ ਦਿੱਤਾ ਹੈ। ਮੈਨੂੰ ਸਦਾ ਹੀ ਤੇਰਾ ਸਹਾਰਾ ਹੈ ॥੧੨॥
32582	759	ਸਤਿਗੁਰੁ ਮੇਰਾ ਸਦਾ ਸਦਾ ਨਾ ਆਵੈ ਨਾ ਜਾਇ॥		Sathigur Maeraa Sadhaa Sadhaa Naa Aavai N Jaae ||	My True Guru, forever and ever, does not come and go.	ਹੇ ਭਾਈ! ਪਿਆਰਾ ਗੁਰੂ (ਦੱਸਦਾ ਹੈ ਕਿ) ਪਰਮਾਤਮਾ ਸਦਾ ਹੀ ਕਾਇਮ ਰਹਿਣ ਵਾਲਾ ਹੈ, ਉਹ ਨਾਹ ਜੰਮਦਾ ਹੈ ਨਾਹ ਮਰਦਾ ਹੈ।

32583	759	ਓਹੁ ਅਬਿਨਾਸੀ ਪੁਰਖੁ ਹੈ ਸਭ ਮਹਿ ਰਹਿਆ ਸਮਾਇ॥੧੩॥		Ouhu Abinaasee Purakh Hai Sabh Mehi Rehiaa Samaae ||13||	He is the Imperishable Creator Lord; He is permeating and pervading among all. ||13||	ਉਹ ਪੁਰਖ-ਪ੍ਰਭੂ ਕਦੇ ਨਾਸ ਹੋਣ ਵਾਲਾ ਨਹੀਂ, ਉਹ ਸਭਨਾਂ ਵਿਚ ਮੌਜੂਦ ਹੈ ॥੧੩॥
32584	759	ਰਾਮ ਨਾਮ ਧਨੁ ਸੰਚਿਆ ਸਾਬਤੁ ਪੂੰਜੀ ਰਾਸਿ॥		Raam Naam Dhhan Sanchiaa Saabath Poonjee Raas ||	I have gathered in the wealth of the Lord's Name. My facilities and faculties are intact, safe and sound.	(ਹੇ ਭਾਈ!) ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਥਾਪਣਾ ਦੇ ਦਿੱਤੀ ਉਸ ਨੇ ਪਰਮਾਤਮਾ ਦਾ ਨਾਮ-ਧਨ ਇਕੱਠਾ ਕਰ ਲਿਆ, ਉਸ ਦੀ ਇਹ ਰਾਸਿ-ਪੂੰਜੀ ਸਦਾ ਅਖੁੱਟ ਰਹਿੰਦੀ ਹੈ,
32585	759	ਨਾਨਕ ਦਰਗਹ ਮੰਨਿਆ ਗੁਰ ਪੂਰੇ ਸਾਬਾਸਿ॥੧੪॥੧॥੨॥੧੧॥		Naanak Dharageh Manniaa Gur Poorae Saabaas ||14||1||2||11||	O Nanak, I am approved and respected in the Court of the Lord; the Perfect Guru has blessed me! ||14||1||2||11||	ਤੇ ਹੇ ਨਾਨਕ! (ਆਖ-) ਉਸ ਨੂੰ ਪ੍ਰਭੂ ਦੀ ਦਰਗਾਹ ਵਿਚ ਸਤਕਾਰ ਪ੍ਰਾਪਤ ਹੁੰਦਾ ਹੈ ॥੧੪॥੧॥੨॥੧੧॥
32586	759	ਰਾਗੁ ਸੂਹੀ ਅਸਟਪਦੀਆ ਮਹਲਾ ੫ ਘਰੁ ੧	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Raag Soohee Asattapadheeaa Mehalaa 5 Ghar 1	Raag Soohee, Ashtapadees, Fifth Mehl, First House:	ਰਾਗ ਸੂਹੀ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
32587	759	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

32588	759	ਉਰਝਿ ਰਹਿਓ ਬਿਖਿਆ ਕੈ ਸੰਗਾ॥		Ourajh Rehiou Bikhiaa Kai Sangaa ||	He is entangled in sinful associations;	ਮਨੁੱਖ ਮਾਇਆ ਦੀ ਸੰਗਤਿ ਵਿਚ ਫਸਿਆ ਰਹਿੰਦਾ ਹੈ,
32589	759	ਮਨਹਿ ਬਿਆਪਤ ਅਨਿਕ ਤਰੰਗਾ॥੧॥		Manehi Biaapath Anik Tharangaa ||1||	His mind is troubled by so very many waves. ||1||	ਮਨੁੱਖ ਦੇ ਮਨ ਨੂੰ (ਲੋਭ ਦੀਆਂ) ਅਨੇਕਾਂ ਲਹਿਰਾਂ ਦਬਾਈ ਰੱਖਦੀਆਂ ਹਨ ॥੧॥
32590	759	ਮੇਰੇ ਮਨ ਅਗਮ ਅਗੋਚਰ॥		Maerae Man Agam Agochar ||	O my mind, how can the Unapproachable and Incomprehensible Lord be found?	ਹੇ ਮੇਰੇ ਮਨ! ਮਨੁੱਖ ਦੀ ਅਕਲ ਦੀ ਪਹੁੰਚ ਤੋਂ ਉਹ ਪਰੇ ਹੈ, ਗਿਆਨ-ਇੰਦ੍ਰਿਆਂ ਦੀ ਸਹਾਇਤਾ ਨਾਲ ਭੀ ਉਸ ਤਕ ਨਹੀਂ ਅੱਪੜ ਸਕੀਦਾ।
32591	759	ਕਤ ਪਾਈਐ ਪੂਰਨ ਪਰਮੇਸਰ॥੧॥ਰਹਾਉ ॥		Kath Paaeeai Pooran Paramaesar ||1|| Rehaao ||	He is the Perfect Transcendent Lord. ||1||Pause||	ਉਹ ਪੂਰਨ ਪਰਾਮਤਮਾ ਕਿਵੇਂ ਲੱਭੇ? ॥੧॥ ਰਹਾਉ ॥
32592	759	ਮੋਹ ਮਗਨ ਮਹਿ ਰਹਿਆ ਬਿਆਪੇ॥		Moh Magan Mehi Rehiaa Biaapae ||	He remains entangled in the intoxication of worldly love.	ਮੋਹ ਦੀ ਮਗਨਤਾ ਵਿਚ ਦਬਾਇਆ ਰਹਿੰਦਾ ਹੈ,
32593	759	ਅਤਿ ਤ੍ਰਿਸਨਾ ਕਬਹੂ ਨਹੀ ਧ੍ਰਾਪੇ॥੨॥		Ath Thrisanaa Kabehoo Nehee Dhhraapae ||2||	His excessive thirst is never quenched. ||2||	(ਹਰ ਵੇਲੇ ਇਸ ਨੂੰ ਮਾਇਆ ਦੀ) ਬਹੁਤ ਤ੍ਰਿਸ਼ਨਾ ਲੱਗੀ ਰਹਿੰਦੀ ਹੈ, ਕਿਸੇ ਵੇਲੇ ਭੀ (ਇਸ ਦਾ ਮਨ) ਰੱਜਦਾ ਨਹੀਂ ॥੨॥

32594	759	ਬਸਇ ਕਰੋਧੁ ਸਰੀਰਿ ਚੰਡਾਰਾ॥	ਬਸ-ਇ	Basae Karodhh Sareer Chanddaaraa ||	Anger is the outcaste which hides within his body;	ਮਨੁੱਖ ਦੇ ਸਰੀਰ ਵਿਚ ਚੰਡਾਲ ਕ੍ਰੋਧ ਵੱਸਦਾ ਰਹਿੰਦਾ ਹੈ।
32595	759	ਅਗਿਆਨਿ ਨ ਸੂਝੈ ਮਹਾ ਗੁਬਾਰਾ॥੩॥		Agiaan N Soojhai Mehaa Gubaaraa ||3||	He is in the utter darkness of ignorance, and he does not understand. ||3||	ਆਤਮਕ ਜੀਵਨ ਵਲੋਂ ਬੇ-ਸਮਝੀ ਦੇ ਕਾਰਨ (ਇਸ ਦੇ ਜੀਵਨ-ਸਫ਼ਰ ਵਿਚ) ਬੜਾ ਹਨੇਰਾ ਰਹਿੰਦਾ ਹੈ (ਜਿਸ ਕਰਕੇ ਇਸ ਨੂੰ ਸਹੀ ਜੀਵਨ-ਰਸਤਾ) ਨਹੀਂ ਸੁੱਝਦਾ (ਦਿੱਸਦਾ) ॥੩॥
32596	759	ਭ੍ਰਮਤ ਬਿਆਪਤ ਜਰੇ ਕਿਵਾਰਾ॥		Bhramath Biaapath Jarae Kivaaraa ||	Afflicted by doubt, the shutters are shut tight;	ਭਟਕਣਾ ਅਤੇ ਮਾਇਆ ਦਾ ਦਬਾਉ-(ਹਰ ਵੇਲੇ) ਇਹ ਦੋ ਕਿਵਾੜ ਵੱਜੇ ਰਹਿੰਦੇ ਹਨ,
32597	759	ਜਾਣੁ ਨ ਪਾਈਐ ਪ੍ਰਭ ਦਰਬਾਰਾ॥੪॥		Jaan N Paaeeai Prabh Dharabaaraa ||4||	He cannot go to God's Court. ||4||	ਇਸ ਵਾਸਤੇ ਮਨੁੱਖ ਪਰਮਾਤਮਾ ਦੇ ਦਰਬਾਰ ਵਿਚ ਪਹੁੰਚ ਨਹੀਂ ਸਕਦਾ ॥੪॥
32598	759	ਆਸਾ ਅੰਦੇਸਾ ਬੰਧਿ ਪਰਾਨਾ॥		Aasaa Andhaesaa Bandhh Paraanaa ||	The mortal is bound and gagged by hope and fear;	ਮਨੁੱਖ ਹਰ ਵੇਲੇ ਮਾਇਆ ਦੀ ਆਸਾ ਅਤੇ ਚਿੰਤਾ-ਫ਼ਿਕਰ ਦੇ ਬੰਧਨ ਵਿਚ ਪਿਆ ਰਹਿੰਦਾ ਹੈ,
32599	759	ਮਹਲੁ ਨ ਪਾਵੈ ਫਿਰਤ ਬਿਗਾਨਾ॥੫॥		Mehal N Paavai Firath Bigaanaa ||5||	He cannot find the Mansion of the Lord's Presence, and so he wanders around like a stranger. ||5||	ਪ੍ਰਭੂ ਦੀ ਹਜ਼ੂਰੀ ਪ੍ਰਾਪਤ ਨਹੀਂ ਕਰ ਸਕਦਾ, ਪਰਦੇਸੀਆਂ ਵਾਂਗ (ਰਾਹੋਂ ਖੁੰਝਾ ਹੋਇਆ) ਭਟਕਦਾ ਫਿਰਦਾ ਹੈ ॥੫॥

32600	759	ਸਗਲ ਬਿਆਧਿ ਕੈ ਵਸਿ ਕਰਿ ਦੀਨਾ॥		Sagal Biaadhh Kai Vas Kar Dheenaa ||	He falls under the power of all negative influences;	ਹੇ ਭਾਈ! ਮਨੁੱਖ ਸਾਰੀਆਂ ਮਾਨਸਕ ਬੀਮਾਰੀਆਂ ਦੇ ਵਸ ਵਿਚ ਆਇਆ ਰਹਿੰਦਾ ਹੈ,
32601	759	ਫਿਰਤ ਪਿਆਸ ਜਿਉ ਜਲ ਬਿਨੁ ਮੀਨਾ॥੬॥		Firath Piaas Jio Jal Bin Meenaa ||6||	He wanders around thirsty like a fish out of water. ||6||	ਜਿਵੇਂ ਪਾਣੀ ਤੋਂ ਬਿਨਾ ਮੱਛੀ ਤੜਫਦੀ ਹੈ, ਤਿਵੇਂ ਇਹ ਤ੍ਰਿਸ਼ਨਾ ਦਾ ਮਾਰਿਆ ਭਟਕਦਾ ਹੈ ॥੬॥
32602	759	ਕਛੂ ਸਿਆਨਪ ਉਕਤਿ ਨ ਮੋਰੀ॥		Kashhoo Siaanap Oukath N Moree ||	I have no clever tricks or techniques;	ਹੇ ਪ੍ਰਭੂ! (ਇਹਨਾਂ ਸਾਰੇ ਵਿਕਾਰਾਂ ਦੇ ਟਾਕਰੇ) ਮੇਰੀ ਕੋਈ ਚਤੁਰਾਈ ਕੋਈ ਵਿਚਾਰ ਨਹੀਂ ਚੱਲ ਸਕਦੀ।
32603	759	ਏਕ ਆਸ ਠਾਕੁਰ ਪ੍ਰਭ ਤੋਰੀ॥੭॥		Eaek Aas Thaakur Prabh Thoree ||7||	You are my only hope, O my Lord God Master. ||7||	ਹੇ ਮੇਰੇ ਮਾਲਕ! ਸਿਰਫ਼ ਤੇਰੀ (ਸਹਾਇਤਾ ਦੀ ਹੀ) ਆਸ ਹੈ (ਕਿ ਉਹ ਬਚਾ ਲਏ) ॥੭॥
32604	759	ਕਰਉ ਬੇਨਤੀ ਸੰਤਨ ਪਾਸੇ॥		Karo Baenathee Santhan Paasae ||	Nanak offers this prayer to the Saints	ਹੇ ਪ੍ਰਭੂ! ਮੈਂ ਤੇਰੇ ਸੰਤ ਜਨਾਂ ਅੱਗੇ ਬੇਨਤੀ ਕਰਦਾ ਹਾਂ, ਅਰਜ਼ੋਈ ਕਰਦਾ ਹਾਂ,
32605	759	ਮੇਲਿ ਲੈਹੁ ਨਾਨਕ ਅਰਦਾਸੇ॥੮॥		Mael Laihu Naanak Aradhaasae ||8||	- please let me merge and blend with You. ||8||	ਕਿ ਮੈਨੂੰ ਨਾਨਕ ਨੂੰ (ਆਪਣੇ ਚਰਨਾਂ ਵਿਚ) ਮਿਲਾਈ ਰੱਖਣ ॥੮॥
32606	759	ਭਇਓ ਕ੍ਰਿਪਾਲੁ ਸਾਧਸੰਗੁ ਪਾਇਆ॥		Bhaeiou Kirapaal Saadhhasang Paaeiaa ||	God has shown Mercy, and I have found the Saadh Sangat, the Company of the Holy.	ਜਿਨ੍ਹਾਂ ਮਨੁੱਖਾਂ ਉੱਤੇ ਪਰਮਾਤਮਾ ਦਇਆਵਾਨ ਹੁੰਦਾ ਹੈ, ਉਹਨਾਂ ਨੂੰ ਗੁਰੂ ਦੀ ਸੰਗਤਿ ਪ੍ਰਾਪਤ ਹੁੰਦੀ ਹੈ,

32607	759	ਨਾਨਕ ਤ੍ਰਿਪਤੇ ਪੂਰਾ ਪਾਇਆ॥੧॥ ਰਹਾਉ ਦੂਜਾ॥੧॥		Naanak Thripathae Pooraa Paaeiaa ||1|| Rehaao Dhoojaa ||1||	Nanak is satisfied, finding the Perfect Lord. ||1||Second Pause||1||	ਹੇ ਨਾਨਕ! (ਆਖ-) ਉਹ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦੇ ਹਨ, ਤੇ, ਉਹਨਾਂ ਨੂੰ ਪੂਰਨ ਪ੍ਰਭੂ ਮਿਲ ਪੈਂਦਾ ਹੈ।੧।ਰਹਾਉ ਦੂਜਾ ॥੧॥ਰਹਾਉ ਦੂਜਾ॥੧॥
32608	760	ਰਾਗੁ ਸੂਹੀ ਮਹਲਾ ੫ ਘਰੁ ੩		Raag Soohee Mehalaa 5 Ghar 3	Raag Soohee, Fifth Mehl, Third House:	ਰਾਗ ਸੂਹੀ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
32609	760	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32610	760	ਮਿਥਨ ਮੋਹ ਅਗਨਿ ਸੋਕ ਸਾਗਰ॥		Mithhan Moh Agan Sok Saagar ||	Attachment to sex is an ocean of fire and pain.	ਨਾਸਵੰਤ ਪਦਾਰਥਾਂ ਦੇ ਮੋਹ; ਤ੍ਰਿਸ਼ਨ ਦੀ ਅੱਗ, ਚਿੰਤਾ ਦੇ ਸਮੁੰਦਰ ਵਿਚੋਂ-
32611	760	ਕਰਿ ਕਿਰਪਾ ਉਧਰੁ ਹਰਿ ਨਾਗਰ॥੧॥	ਪਾਪਾਂ ਔਗੁਣਾਂ ਵਿਕਾਰਾਂ ਤੋਂ(ਉ-ਧਰੁ)ਉਧਾਰਨਾ ਕਰੋ ਜੀ।ਨੱਗਰ	Kar Kirapaa Oudhhar Har Naagar ||1||	By Your Grace, O Sublime Lord, please save me from it. ||1||	ਹੇ ਸੋਹਣੇ ਹਰੀ! ਕਿਰਪਾ ਕਰ ਕੇ (ਸਾਨੂੰ) ਬਚਾ ਲੈ ॥੧॥
32612	760	ਚਰਣਕਮਲ ਸਰਣਾਇ ਨਰਾਇਣ॥		Charan Kamal Saranaae Naraaein ||	I seek the Sanctuary of the Lotus Feet of the Lord.	ਹੇ ਨਾਰਾਇਣ! (ਅਸੀਂ ਜੀਵ) ਤੇਰੇ ਸੋਹਣੇ ਚਰਨਾਂ ਦੀ ਸਰਨ ਵਿਚ ਆਏ ਹਾਂ।

32613	760	ਦੀਨਾ ਨਾਥ ਭਗਤ ਪਰਾਇਣ॥੧॥ਰਹਾਉ ॥		Dheenaa Naathh Bhagath Paraaein ||1|| Rehaao ||	He is the Master of the meek, the Support of His devotees. ||1||Pause||	ਹੇ ਗਰੀਬਾਂ ਦੇ ਖਸਮ! ਹੇ ਭਗਤਾਂ ਦੇ ਆਸਰੇ! (ਸਾਨੂੰ ਵਿਕਾਰਾਂ ਤੋਂ ਬਚਾਈ ਰੱਖ) ॥੧॥ ਰਹਾਉ ॥
32614	760	ਅਨਾਥਾ ਨਾਥ ਭਗਤ ਭੈ ਮੇਟਨ॥		Anaathhaa Naathh Bhagath Bhai Maettan ||	Master of the masterless, Patron of the forlorn, Eradicator of fear of His devotees.	ਹੇ ਨਿਆਸਰਿਆਂ ਦੇ ਆਸਰੇ! ਹੇ ਭਗਤਾਂ ਦੇ ਸਾਰੇ ਡਰ ਦੂਰ ਕਰਨ ਵਾਲੇ! (ਮੈਨੂੰ ਗੁਰੂ ਦੀ ਸੰਗਤਿ ਬਖ਼ਸ਼)
32615	760	ਸਾਧਸੰਗਿ ਜਮਦੂਤ ਨ ਭੇਟਨ॥੨॥		Saadhhasang Jamadhooth N Bhaettan ||2||	In the Saadh Sangat, the Company of the Holy, the Messenger of Death cannot even touch them. ||2||	ਗੁਰੂ ਦੀ ਸੰਗਤਿ ਵਿਚ ਰਿਹਾਂ ਜਮਦੂਤ (ਭੀ) ਨੇੜੇ ਨਹੀਂ ਢੁਕਦੇ (ਮੌਤ ਦਾ ਡਰ ਪੋਹ ਨਹੀਂ ਸਕਦਾ) ॥੨॥
32616	760	ਜੀਵਨ ਰੂਪ ਅਨੂਪ ਦਇਆਲਾ॥		Jeevan Roop Anoop Dhaeiaalaa ||	The Merciful, Incomparably Beautiful, Embodiment of Life.	ਹੇ ਜ਼ਿੰਦਗੀ ਦੇ ਸੋਮੇ! ਹੇ ਅਦੁੱਤੀ ਪ੍ਰਭੂ! ਹੇ ਦਇਆ ਦੇ ਘਰ! (ਆਪਣੀ ਸਿਫ਼ਤਿ-ਸਾਲਾਹ ਬਖ਼ਸ਼),
32617	760	ਰਵਣ ਗੁਣਾ ਕਟੀਐ ਜਮ ਜਾਲਾ॥੩॥		Ravan Gunaa Katteeai Jam Jaalaa ||3||	Vibrating the Glorious Virtues of the Lord, the noose of the Messenger of Death is cut away. ||3||	ਤੇਰੇ ਗੁਣਾਂ ਨੂੰ ਯਾਦ ਕੀਤਿਆਂ ਮੌਤ ਦੀ ਫਾਹੀ ਕੱਟੀ ਜਾਂਦੀ ਹੈ ॥੩॥
32618	760	ਅੰਮ੍ਰਿਤ ਨਾਮੁ ਰਸਨ ਨਿਤ ਜਾਪੈ॥		Anmrith Naam Rasan Nith Jaapai ||	One who constantly chants the Ambrosial Nectar of the Naam with his tongue,	ਹੇ ਭਾਈ! ਜੇਹੜਾ ਮਨੁੱਖ ਆਪਣੀ ਜੀਭ ਨਾਲ ਸਦਾ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਪਦਾ ਹੈ,

32619	760	ਰੋਗ ਰੂਪ ਮਾਇਆ ਨ ਬਿਆਪੈ॥੪॥		Rog Roop Maaeiaa N Biaapai ||4||	Is not touched or affected by Maya, the embodiment of disease. ||4||	ਉਸ ਉਤੇ ਇਹ ਮਾਇਆ ਜ਼ੋਰ ਨਹੀਂ ਪਾ ਸਕਦੀ, ਜੇਹੜੀ ਸਾਰੇ ਰੋਗਾਂ ਦਾ ਮੂਲ ਹੈ ॥੪॥
32620	760	ਜਪਿ ਗੋਬਿੰਦ ਸੰਗੀ ਸਭਿ ਤਾਰੇ॥		Jap Gobindh Sangee Sabh Thaarae ||	Chant and meditate on God, the Lord of the Universe, and all of your companions shall be carried across;	ਹੇ ਭਾਈ! ਸਦਾ ਪਰਾਮਤਮਾ ਦਾ ਨਾਮ ਜਪਿਆ ਕਰ (ਜੇਹੜਾ ਜਪਦਾ ਹੈ) ਉਹ (ਆਪਣੇ) ਸਾਰੇ ਸਾਥੀਆਂ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ।
32621	760	ਪੋਹਤ ਨਾਹੀ ਪੰਚ ਬਟਵਾਰੇ॥੫॥		Pohath Naahee Panch Battavaarae ||5||	The five thieves will not even approach. ||5||	ਪੰਜੇ ਲੁਟੇਰੇ ਉਸ ਉਤੇ ਦਬਾਉ ਨਹੀਂ ਪਾ ਸਕਦੇ ॥੫॥
32622	760	ਮਨ ਬਚ ਕ੍ਰਮ ਪ੍ਰਭੁ ਏਕੁ ਧਿਆਏ॥		Man Bach Kram Prabh Eaek Dhhiaaeae ||	One who meditates on the One God in thought, word and deed	ਹੇ ਭਾਈ! ਜੇਹੜਾ ਮਨੁੱਖ ਆਪਣੇ ਮਨ ਨਾਲ, ਕੰਮਾਂ ਨਾਲ ਇਕ ਪਰਮਾਤਮਾ ਦਾ ਧਿਆਨ ਧਰੀ ਰੱਖਦਾ ਹੈ,
32623	760	ਸਰਬ ਫਲਾ ਸੋਈ ਜਨੁ ਪਾਏ॥੬॥		Sarab Falaa Soee Jan Paaeae ||6||	- that humble being receives the fruits of all rewards. ||6||	ਉਹੀ ਮਨੁੱਖ (ਮਨੁੱਖਾ ਜਨਮ ਦੇ) ਸਾਰੇ ਫਲ ਹਾਸਲ ਕਰ ਲੈਂਦਾ ਹੈ ॥੬॥
32624	760	ਧਾਰਿ ਅਨੁਗ੍ਰਹੁ ਅਪਨਾ ਪ੍ਰਭਿ ਕੀਨਾ॥	ਅ-ਨੁੱਗ੍ਰਹੁ	Dhhaar Anugrahu Apanaa Prabh Keenaa ||	Showering His Mercy, God has made me His own;	ਹੇ ਭਾਈ! ਪਰਮਾਤਮਾ ਨੇ ਕਿਰਪਾ ਕਰ ਕੇ ਜਿਸ ਮਨੁੱਖ ਨੂੰ ਆਪਣਾ ਬਣਾ ਲਿਆ,

32625	760	ਕੇਵਲ ਨਾਮੁ ਭਗਤਿ ਰਸੁ ਦੀਨਾ॥੭॥		Kaeval Naam Bhagath Ras Dheenaa ||7||	He has blessed me with the unique and singular Naam, and the sublime essence of devotion. ||7||	ਉਸ ਨੂੰ ਉਸ ਨੇ ਆਪਣਾ ਨਾਮ ਬਖ਼ਸ਼ਿਆ, ਉਸ ਨੂੰ ਆਪਣੀ ਭਗਤੀ ਦਾ ਸੁਆਦ ਦਿੱਤਾ ॥੭॥
32626	760	ਆਦਿ ਮਧਿ ਅੰਤਿ ਪ੍ਰਭੁ ਸੋਈ॥		Aadh Madhh Anth Prabh Soee ||	In the beginning, in the middle, and in the end, He is God.	ਉਹ ਪਰਮਾਤਮਾ ਹੀ ਜਗਤ ਦੇ ਸ਼ੁਰੂ ਤੋਂ ਹੈ, ਹੁਣ ਭੀ ਹੈ, ਜਗਤ ਦੇ ਅਖ਼ੀਰ ਵਿਚ ਭੀ ਹੋਵੇਗਾ।
32627	760	ਨਾਨਕ ਤਿਸੁ ਬਿਨੁ ਅਵਰੁ ਨ ਕੋਈ॥੮॥੧॥੨॥		Naanak This Bin Avar N Koee ||8||1||2||	O Nanak, without Him, there is no other at all. ||8||1||2||	ਹੇ ਨਾਨਕ! ਉਸ ਤੋਂ ਬਿਨਾ (ਉਸ ਦੇ ਵਰਗਾ) ਹੋਰ ਕੋਈ ਨਹੀਂ ਹੈ ॥੮॥੧॥੨॥
32628	760	ਰਾਗੁ ਸੂਹੀ ਮਹਲਾ ੫ ਅਸਟਪਦੀਆ ਘਰੁ ੯	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Raag Soohee Mehalaa 5 Asattapadheeaa Ghar 9	Raag Soohee, Fifth Mehl, Ashtapadees, Ninth House:	ਰਾਗ ਸੂਹੀ, ਘਰ ੯ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
32629	760	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32630	760	ਜਿਨ ਡਿਠਿਆ ਮਨੁ ਰਹਸੀਐ ਕਿਉ ਪਾਈਐ ਤਿਨ੍ਹ ਸੰਗੁ ਜੀਉ॥		Jin Ddithiaa Man Rehaseeai Kio Paaeeai Thinh Sang Jeeo ||	Gazing upon them, my mind is enraptured. How can I join them and be with them?	ਹੇ ਪ੍ਰਭੂ! ਉਹਨਾਂ ਗੁਰਮੁਖਾਂ ਦਾ ਸਾਥ ਕਿਵੇਂ ਪ੍ਰਾਪਤ ਹੋਵੇ, ਜਿਨ੍ਹਾਂ ਦਾ ਦਰਸਨ ਕੀਤਿਆਂ ਮਨ ਖਿੜ ਆਉਂਦਾ ਹੈ?

32631	760	ਸੰਤ ਸਜਨ ਮਨ ਮਿਤ੍ਰ ਸੇ ਲਾਇਨਿ ਪ੍ਰਭ ਸਿਉ ਰੰਗੁ ਜੀਉ॥	ਸੱਜਨ	Santh Sajan Man Mithr Sae Laaein Prabh Sio Rang Jeeo ||	They are Saints and friends, good friends of my mind, who inspire me and help me tune in to God's Love.	ਹੇ ਭਾਈ! ਉਹੀ ਮਨੁੱਖ (ਮੇਰੇ ਵਾਸਤੇ) ਸੱਜਣ ਹਨ, ਸੰਤ ਹਨ, ਮੇਰੇ ਅਸਲ ਮੇਲੀ ਹਨ, ਜੇਹੜੇ ਪਰਮਾਤਮਾ ਨਾਲ ਮੇਰਾ ਪਿਆਰ ਜੋੜ ਦੇਣ।
32632	760	ਤਿਨ੍ ਸਿਉ ਪ੍ਰੀਤਿ ਨ ਤੁਟਈ ਕਬਹੁ ਨ ਹੋਵੈ ਭੰਗੁ ਜੀਉ॥੧॥		Thinh Sio Preeth N Thuttee Kabahu N Hovai Bhang Jeeo ||1||	My love for them shall never die; it shall never, ever be broken. ||1||	ਹੇ ਪ੍ਰਭੂ! (ਮੇਹਰ ਕਰ) ਉਹਨਾਂ ਨਾਲੋਂ ਮੇਰਾ ਪਿਆਰ ਨਾਹ ਟੁੱਟੇ, ਉਹਨਾਂ ਨਾਲ ਮੇਰਾ ਕਦੇ ਅਜੋੜ ਨਾਹ ਹੋਵੇ ॥੧॥
32633	760	ਪਾਰਬ੍ਰਹਮ ਪ੍ਰਭ ਕਰਿ ਦਇਆ ਗੁਣ ਗਾਵਾ ਤੇਰੇ ਨਿਤ ਜੀਉ॥		Paarabreham Prabh Kar Dhaeiaa Gun Gaavaa Thaerae Nith Jeeo ||	O Supreme Lord God, please grant me Your Grace, that I might constantly sing Your Glorious Praises.	ਹੇ ਪਾਰਬ੍ਰਹਮ! ਹੇ ਪ੍ਰਭੂ! (ਮੇਰੇ ਉਤੇ) ਮੇਹਰ ਕਰ, ਮੈਂ ਸਦਾ ਤੇਰੇ ਗੁਣ ਗਾਂਦਾ ਰਹਾਂ।
32634	760	ਆਇ ਮਿਲਹੁ ਸੰਤ ਸਜਣਾ ਨਾਮੁ ਜਪਹ ਮਨ ਮਿਤ ਜੀਉ॥੧॥ਰਹਾਉ॥		Aae Milahu Santh Sajanaa Naam Japeh Man Mith Jeeo ||1|| Rehaao ||	Come, and meet with me, O Saints, and good friends; let us chant and meditate on the Naam, the Name of the Lord, the Best Friend of my mind. ||1||Pause||	ਹੇ ਸੰਤ ਜਨੋ! ਹੇ ਸੱਜਣੋ! ਹੇ ਮੇਰੇ ਮਨ ਦੇ ਮੇਲੀਓ! ਆ ਕੇ ਮਿਲੋ (ਇਕੱਠੇ ਬੈਠੀਏ, ਤੇ,) ਪਰਮਾਤਮਾ ਦਾ ਨਾਮ ਜਪੀਏ ॥੧॥ ਰਹਾਉ ॥

32635	760	ਦੇਖੈ ਸੁਣੇ ਨ ਜਾਣਈ ਮਾਇਆ ਮੋਹਿਆ ਅੰਧੁ ਜੀਉ॥		Dhaekhai Sunae N Jaanee Maaeiaa Mohiaa Andhh Jeeo ||	He does not see, he does not hear, and he does not understand; he is blind, enticed and bewitched by Maya.	ਹੇ ਭਾਈ! ਮਾਇਆ ਦੇ ਮੋਹ ਵਿਚ ਫਸਿਆ ਹੋਇਆ ਮਨੁੱਖ (ਆਤਮਕ ਜੀਵਨ ਵਲੋਂ) ਅੰਨ੍ਹਾ ਹੋ ਜਾਂਦਾ ਹੈ, ਉਹ (ਅਸਲੀਅਤ ਨੂੰ) ਨਾਹ ਵੇਖ ਸਕਦਾ ਹੈ, ਨਾਹ ਸੁਣ ਸਕਦਾ ਹੈ, ਨਾਹ ਸਮਝ ਸਕਦਾ ਹੈ।
32636	760	ਕਾਚੀ ਦੇਹਾ ਵਿਣਸਣੀ ਕੂੜੁ ਕਮਾਵੈ ਧੰਧੁ ਜੀਉ॥		Kaachee Dhaehaa Vinasanee Koorr Kamaavai Dhhandhh Jeeo ||	His body is false and transitory; it shall perish. And still, he entangles himself in false pursuits.	(ਉਸ ਨੂੰ ਇਹ ਨਹੀਂ ਸੁੱਝਦਾ ਕਿ) ਕੱਚੇ ਘੜੇ ਵਰਗਾ ਇਹ ਸਰੀਰ ਨਾਸ ਹੋਣ ਵਾਲਾ ਹੈ, ਉਹ ਹਰ ਵੇਲੇ ਨਾਸਵੰਤ ਪਦਾਰਥਾਂ ਦੀ ਖ਼ਾਤਰ ਹੀ ਦੌੜ-ਭੱਜ ਕਰਦਾ ਰਹਿੰਦਾ ਹੈ।
32637	760	ਨਾਮੁ ਧਿਆਵਹਿ ਸੇ ਜਿਣਿ ਚਲੇ ਗੁਰ ਪੂਰੇ ਸਨਬੰਧੁ ਜੀਉ॥੨॥		Naam Dhhiaavehi Sae Jin Chalae Gur Poorae Sanabandhh Jeeo ||2||	They alone depart victorious, who have meditated on the Naam; they stick with the Perfect Guru. ||2||	ਹੇ ਭਾਈ! ਜੇਹੜੇ ਮਨੁੱਖ ਪੂਰੇ ਗੁਰੂ ਦਾ ਮਿਲਾਪ (ਹਾਸਲ ਕਰ ਕੇ) ਪਰਮਾਤਮਾ ਦਾ ਨਾਮ ਜਪਦੇ ਹਨ, ਉਹ (ਮਨੁੱਖਾ ਜੀਵਨ ਦੀ ਬਾਜ਼ੀ) ਜਿੱਤ ਕੇ ਇਥੋਂ ਜਾਂਦੇ ਹਨ ॥੨॥
32638	760	ਹੁਕਮੇ ਜੁਗ ਮਹਿ ਆਇਆ ਚਲਣੁ ਹੁਕਮਿ ਸੰਜੋਗਿ ਜੀਉ॥		Hukamae Jug Mehi Aaeiaa Chalan Hukam Sanjog Jeeo ||	By the Hukam of God's Will, they come into this world, and they leave upon receipt of His Hukam.	ਹੇ ਭਾਈ! ਪਰਮਾਤਮਾ ਦੇ ਹੁਕਮ ਅਨੁਸਾਰ ਹੀ (ਜੀਵ) ਜਗਤ ਵਿਚ ਆਉਂਦਾ ਹੈ, ਹੁਕਮ ਅਨੁਸਾਰ ਢੋ ਢੁਕਣ ਨਾਲ (ਜੀਵ ਦਾ ਇਥੋਂ) ਕੂਚ ਹੋ ਜਾਂਦਾ ਹੈ।

32639	760	ਹੁਕਮੇ ਪਰਪੰਚੁ ਪਸਰਿਆ ਹੁਕਮਿ ਕਰੇ ਰਸ ਭੋਗ ਜੀਉ॥		Hukamae Parapanch Pasariaa Hukam Karae Ras Bhog Jeeo ||	By His Hukam, the Expanse of the Universe is expanded. By His Hukam, they enjoy pleasures.	ਪ੍ਰਭੂ ਦੀ ਰਜ਼ਾ ਵਿਚ ਹੀ ਜਗਤ-ਖਿਲਾਰਾ ਖਿਲਰਿਆ ਹੈ, ਰਜ਼ਾ ਵਿਚ ਹੀ ਜੀਵ ਇਥੇ ਰਸਾਂ ਦੇ ਭੋਗ ਭੋਗਦਾ ਹੈ।
32640	760	ਜਿਸ ਨੋ ਕਰਤਾ ਵਿਸਰੈ ਤਿਸਹਿ ਵਿਛੋੜਾ ਸੋਗੁ ਜੀਉ॥੩॥		Jis No Karathaa Visarai Thisehi Vishhorraa Sog Jeeo ||3||	One who forgets the Creator Lord, suffers sorrow and separation. ||3||	(ਇਹਨਾਂ ਰਸਾਂ ਵਿਚ ਫਸ ਕੇ) ਜਿਸ ਮਨੁੱਖ ਨੂੰ ਕਰਤਾਰ ਭੁੱਲ ਜਾਂਦਾ ਹੈ, ਇਹ ਵਿਛੋੜਾ ਉਸ ਦੇ ਅੰਦਰ ਚਿੰਤਾ-ਫ਼ਿਕਰ ਪਾਈ ਰੱਖਦਾ ਹੈ ॥੩॥
32641	760	ਆਪਨੜੇ ਪ੍ਰਭ ਭਾਣਿਆ ਦਰਗਹ ਪੈਧਾ ਜਾਇ ਜੀਉ॥		Aapanarrae Prabh Bhaaniaa Dharageh Paidhhaa Jaae Jeeo ||	One who is pleasing to his God, goes to His Court dressed in robes of honor.	ਹੇ ਭਾਈ! ਜੇਹੜਾ ਮਨੁੱਖ ਆਪਣੇ ਪ੍ਰਭੂ ਨੂੰ ਚੰਗਾ ਲੱਗਣ ਲੱਗ ਪੈਂਦਾ ਹੈ, ਉਹ ਪ੍ਰਭੂ ਦੀ ਦਰਗਾਹ ਵਿਚ ਇੱਜ਼ਤ ਨਾਲ ਜਾਂਦਾ ਹੈ।
32642	760	ਐਥੈ ਸੁਖ ਮੁਖੁ ਉਜਲਾ ਇਕੋ ਨਾਮੁ ਧਿਆਇ ਜੀਉ॥	ਉੱਜਲਾ	Aithhai Sukh Mukh Oujalaa Eiko Naam Dhhiaae Jeeo ||	One who meditates on the Naam, the One Name, finds peace in this world; his face is radiant and bright.	ਉਸ ਨੂੰ ਇਸ ਲੋਕ ਵਿਚ ਸੁਖ ਮਿਲਿਆ ਰਹਿੰਦਾ ਹੈ, ਪਰਲੋਕ ਵਿਚ ਉਹ ਸੁਰਖ਼-ਰੂ ਹੁੰਦਾ ਹੈ (ਕਿਉਂਕਿ ਉਹ) ਪਰਮਾਤਮਾ ਦਾ ਹੀ ਨਾਮ ਸਿਮਰਦਾ ਰਹਿੰਦਾ ਹੈ।
32643	760	ਆਦਰੁ ਦਿਤਾ ਪਾਰਬ੍ਰਹਮਿ ਗੁਰੁ ਸੇਵਿਆ ਸਤ ਭਾਇ ਜੀਉ॥੪॥	ਸਤ ਸੱਚੇ। (ਭਾਇ)ਪ੍ਰੇਮ ਨਿਸਚੇ ਨਾਲ	Aadhar Dhithaa Paarabreham Gur Saeviaa Sath Bhaae Jeeo ||4||	The Supreme Lord confers honor and respect on those who serve the Guru with true love. ||4||	ਉਸ ਨੇ (ਇਥੇ) ਚੰਗੀ ਭਾਵਨਾ ਨਾਲ ਗੁਰੂ ਦਾ ਆਸਰਾ ਲਈ ਰੱਖਿਆ, (ਇਸ ਵਾਸਤੇ) ਪਰਮਾਤਮਾ ਨੇ ਉਸ ਨੂੰ ਆਦਰ ਬਖ਼ਸ਼ਿਆ ॥੪॥

32644	760	ਥਾਨ ਥਨੰਤਰਿ ਰਵਿ ਰਹਿਆ ਸਰਬ ਜੀਆ ਪ੍ਰਤਿਪਾਲ ਜੀਉ॥		Thhaan Thhananthar Rav Rehiaa Sarab Jeeaa Prathipaal Jeeo ||	He is pervading and permeating the spaces and interspaces; He loves and cherishes all beings.	ਹੇ ਭਾਈ! ਜੇਹੜਾ ਪਰਮਾਤਮਾ ਹਰੇਕ ਥਾਂ ਵਿਚ ਵਿਆਪਕ ਹੈ, ਜੇਹੜਾ ਸਾਰੇ ਜੀਵਾਂ ਦੀ ਪਾਲਣਾ ਕਰਨ ਵਾਲਾ ਹੈ,
32645	760	ਸਚੁ ਖਜਾਨਾ ਸੰਚਿਆ ਏਕੁ ਨਾਮੁ ਧਨੁ ਮਾਲ ਜੀਉ॥		Sach Khajaanaa Sanchiaa Eaek Naam Dhhan Maal Jeeo ||	I have accumulated the true treasure, the wealth and riches of the One Name.	ਉਹ ਮਨੁੱਖ ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ-ਖ਼ਜ਼ਾਨਾ ਇਕੱਠਾ ਕਰਦਾ ਹੈ, ਪਰਮਾਤਮਾ ਦੇ ਨਾਮ ਨੂੰ ਹੀ ਉਹ ਆਪਣਾ ਧਨ-ਪਦਾਰਥ ਬਣਾਂਦਾ ਹੈ।
32646	760	ਮਨ ਤੇ ਕਬਹੁ ਨ ਵੀਸਰੈ ਜਾ ਆਪੇ ਹੋਇ ਦਇਆਲ ਜੀਉ॥੫॥		Man Thae Kabahu N Veesarai Jaa Aapae Hoe Dhaeiaal Jeeo ||5||	I shall never forget Him from my mind, since He has been so merciful to me. ||5||	ਜਦੋਂ ਉਹ ਆਪ ਹੀ ਜਿਸ ਜੀਵ ਉਤੇ ਦਇਆਵਾਨ ਹੁੰਦਾ ਹੈ ਉਸ ਦੇ ਮਨ ਤੋਂ ਉਹ ਕਦੇ ਭੀ ਨਹੀਂ ਭੁੱਲਦਾ ॥੫॥
32647	761	ਆਵਣੁ ਜਾਣਾ ਰਹਿ ਗਏ ਮਨਿ ਵੁਠਾ ਨਿਰੰਕਾਰੁ ਜੀਉ॥		Aavan Jaanaa Rehi Geae Man Vuthaa Nirankaar Jeeo ||	My comings and goings have ended; the Formless Lord now dwells within my mind.	ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਆ ਵੱਸਦਾ ਹੈ, ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।

32648	761	ਤਾ ਕਾ ਅੰਤੁ ਨ ਪਾਈਐ ਊਚਾ ਅਗਮ ਅਪਾਰੁ ਜੀਉ॥		Thaa Kaa Anth N Paaeeai Oochaa Agam Apaar Jeeo ||	His limits cannot be found; He is lofty and exalted, inaccessible and infinite.	ਹੇ ਭਾਈ! ਉਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਉਹ ਸਭ ਨਾਲੋਂ ਉੱਚੀ ਹਸਤੀ ਵਾਲਾ ਹੈ, ਉਹ ਅਪਹੁੰਚ ਹੈ, ਉਹ ਬੇਅੰਤ ਹੈ।
32649	761	ਜਿਸੁ ਪ੍ਰਭੁ ਅਪਣਾ ਵਿਸਰੈ ਸੋ ਮਰਿ ਜੰਮੈ ਲਖ ਵਾਰ ਜੀਉ॥੬॥		Jis Prabh Apanaa Visarai So Mar Janmai Lakh Vaar Jeeo ||6||	One who forgets His God, shall die and be reincarnated, hundreds of thousands of times. ||6||	ਜਿਸ ਮਨੁੱਖ ਨੂੰ ਪਰਮਾਤਮਾ ਭੁੱਲ ਜਾਂਦਾ ਹੈ, ਉਹ ਲੱਖਾਂ ਵਾਰੀ ਜੰਮਦਾ ਮਰਦਾ ਰਹਿੰਦਾ ਹੈ ॥੬॥
32650	761	ਸਾਚੁ ਨੇਹੁ ਤਿਨ ਪ੍ਰੀਤਮਾ ਜਿਨ ਮਨਿ ਵੁਠਾ ਆਪਿ ਜੀਉ॥		Saach Naehu Thin Preethamaa Jin Man Vuthaa Aap Jeeo ||	They alone bear true love for their God, within whose minds He Himself dwells.	ਹੇ ਭਾਈ! ਜਿਨ੍ਹਾਂ ਗੁਰਮੁਖਾਂ ਸੱਜਣਾਂ ਦੇ ਮਨ ਵਿਚ ਪਰਮਾਤਮਾ ਆਪ ਆ ਵੱਸਦਾ ਹੈ, ਉਹਨਾਂ ਦੇ ਹਿਰਦੇ ਵਿਚ ਪ੍ਰਭੂ ਦਾ ਸਦਾ ਕਾਇਮ ਰਹਿਣ ਵਾਲਾ ਪਿਆਰ ਬਣ ਜਾਂਦਾ ਹੈ।
32651	761	ਗੁਣ ਸਾਝੀ ਤਿਨ ਸੰਗਿ ਬਸੇ ਆਠ ਪਹਰ ਪ੍ਰਭ ਜਾਪਿ ਜੀਉ॥	ਸਾਂਝੀ	Gun Saajhee Thin Sang Basae Aath Pehar Prabh Jaap Jeeo ||	So dwell only with those who share their virtues; chant and meditate on God, twenty-four hours a day.	ਜੇਹੜੇ ਮਨੁੱਖ ਉਹਨਾਂ ਦੀ ਸੰਗਤਿ ਵਿਚ ਵੱਸਦੇ ਹਨ, ਉਹ ਭੀ ਅੱਠੇ ਪਹਰ ਪ੍ਰਭੂ ਦਾ ਨਾਮ ਜਪ ਕੇ ਉਹਨਾਂ ਨਾਲ ਗੁਣਾਂ ਦੀ ਸਾਂਝ ਬਣਾ ਲੈਂਦੇ ਹਨ।

32652	761	ਰੰਗਿ ਰਤੇ ਪਰਮੇਸਰੈ ਬਿਨਸੇ ਸਗਲ ਸੰਤਾਪ ਜੀਉ॥੭॥		Rang Rathae Paramaesarai Binasae Sagal Santhaap Jeeo ||7||	They are attuned to the Love of the Transcendent Lord; all their sorrows and afflictions are dispelled. ||7||	ਜੇਹੜੇ ਮਨੁੱਖ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ, ਉਹਨਾਂ ਦੇ ਅੰਦਰੋਂ ਸਾਰੇ ਦੁੱਖ-ਕਲੇਸ਼ ਦੂਰ ਹੋ ਜਾਂਦੇ ਹਨ ॥੭॥
32653	761	ਤੂੰ ਕਰਤਾ ਤੂੰ ਕਰਣਹਾਰੁ ਤੂਹੈ ਏਕੁ ਅਨੇਕ ਜੀਉ॥		Thoon Karathaa Thoon Karanehaar Thoohai Eaek Anaek Jeeo ||	You are the Creator, You are the Cause of causes; You are the One and the many.	ਹੇ ਪ੍ਰਭੂ! ਤੂੰ ਸਭ ਦਾ ਪੈਦਾ ਕਰਨ ਵਾਲਾ ਹੈਂ, ਤੂੰ ਸਭ ਕੁਝ ਕਰਨ ਦੇ ਸਮਰਥ ਹੈਂ, ਤੂੰ ਆਪ ਹੀ ਆਪ ਇੱਕ ਹੈਂ, (ਜਗਤ-ਰਚਨਾ ਕਰ ਕੇ) ਅਨੇਕ-ਰੂਪ ਭੀ ਤੂੰ ਆਪ ਹੀ ਹੈਂ।
32654	761	ਤੂ ਸਮਰਥੁ ਤੂ ਸਰਬ ਮੈ ਤੂਹੈ ਬੁਧਿ ਬਿਬੇਕ ਜੀਉ॥	ਮੈ (ਸਰਬ)ਸਰੂਪ ਹੋ ਕੇ। ਮੈ:ਬਿੰਦੀ ਨ ਲਾ।ਸਮਰੱਥੁ	Thoo Samarathh Thoo Sarab Mai Thoohai Budhh Bibaek Jeeo ||	You are All-powerful, You are present everywhere; You are the subtle intellect, the clear wisdom.	ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੂੰ ਸਭਨਾਂ ਵਿਚ ਵਿਆਪਕ ਹੈਂ, (ਜੀਵਾਂ, ਨੂੰ ਚੰਗੇ ਮੰਦੇ ਦੀ) ਪਰਖ ਦੀ ਅਕਲ (ਦੇਣ ਵਾਲਾ ਭੀ) ਤੂੰ ਆਪ ਹੀ ਹੈਂ।
32655	761	ਨਾਨਕ ਨਾਮੁ ਸਦਾ ਜਪੀ ਭਗਤ ਜਨਾ ਕੀ ਟੇਕ ਜੀਉ॥੮॥੧॥੩॥		Naanak Naam Sadhaa Japee Bhagath Janaa Kee Ttaek Jeeo ||8||1||3||	Nanak chants and meditates forever on the Naam, the Support of the humble devotees. ||8||1||3||	ਹੇ ਨਾਨਕ! (ਆਖ-ਹੇ ਪ੍ਰਭੂ! ਜੇ ਤੂੰ ਮੇਹਰ ਕਰੇਂ, ਤਾਂ) ਤੇਰੇ ਭਗਤ ਜਨਾਂ ਦਾ ਆਸਰਾ ਲੈ ਕੇ ਮੈਂ ਸਦਾ ਤੇਰਾ ਨਾਮ ਜਪਦਾ ਰਹਾਂ ॥੮॥੧॥੩॥
32656	761	ਰਾਗੁ ਸੂਹੀ ਮਹਲਾ ੫ ਅਸਟਪਦੀਆ ਘਰੁ ੧੦ ਕਾਫੀ	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Raag Soohee Mehalaa 5 Asattapadheeaa Ghar 10 Kaafee	Raag Soohee, Fifth Mehl, Ashtapadees, Tenth House, Kaafee:	ਰਾਗ ਸੂਹੀ/ਕਾਫੀ, ਘਰ ੧੦ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।

32657	761	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32658	761	ਜੇ ਭੁਲੀ ਜੇ ਚੁਕੀ ਸਾਈਂ ਭੀ ਤਹਿੰਜੀ ਕਾਢੀਆ॥		Jae Bhulee Jae Chukee Saaeanaee Bhee Thehinjee Kaadteeaa ||	Even though I have made mistakes, and even though I have been wrong, I am still called Yours, O my Lord and Master.	ਹੇ ਮੇਰੇ ਖਸਮ-ਪ੍ਰਭੂ! ਜੇ ਮੈਂ ਭੁੱਲਾਂ ਕਰਦੀ ਹਾਂ, ਜੇ ਮੈਂ ਉਕਾਈਆਂ ਕਰਦੀ ਹਾਂ, ਤਾਂ ਭੀ ਮੈਂ ਤੇਰੀ ਹੀ ਅਖਵਾਂਦੀ ਹਾਂ (ਮੈਂ ਤੇਰਾ ਦਰ ਛੱਡ ਕੇ ਹੋਰ ਕਿਧਰੇ ਭੀ ਜਾਣ ਨੂੰ ਤਿਆਰ ਨਹੀਂ ਹਾਂ)।
32659	761	ਜਿਨ੍ਹਾ ਨੇਹੁ ਦੂਜਾਣੇ ਲਗਾ ਝੂਰਿ ਮਰਹੁ ਸੇ ਵਾਢੀਆ॥੧॥	(ਦੂਜਾਣੇ)ਦੂਜੇ ਪਾਪਾਂ ਔਗੁਣਾਂ (ਵਾਢੀਆ)ਵਿਛੁੜੀਆਂ	Jinhaa Naehu Dhoojaanae Lagaa Jhoor Marahu Sae Vaadteeaa ||1||	Those who enshrine love for another, die regretting and repenting. ||1||	ਜਿਨ੍ਹਾਂ ਦਾ ਪਿਆਰ (ਤੈਥੋਂ ਬਿਨਾ) ਕਿਸੇ ਹੋਰ ਨਾਲ ਬਣਿਆ ਹੋਇਆ ਹੈ, ਉਹ ਛੁੱਟੜਾਂ ਜ਼ਰੂਰ ਝੁਰ ਝੁਰ ਕੇ ਮਰ ਰਹੀਆਂ ਹਨ ॥੧॥
32660	761	ਹਉ ਨਾ ਛੋਡਉ ਕੰਤ ਪਾਸਰਾ॥		Ho Naa Shhoddo Kanth Paasaraa ||	I shall never leave my Husband Lord's side.	ਮੈਂ ਖਸਮ-ਪ੍ਰਭੂ ਦਾ ਸੋਹਣਾ ਪਾਸਾ (ਕਦੇ ਭੀ) ਨਾਹ ਛੱਡਾਂਗੀ।
32661	761	ਸਦਾ ਰੰਗੀਲਾ ਲਾਲੁ ਪਿਆਰਾ ਏਹੁ ਮਹਿੰਜਾ ਆਸਰਾ॥੧॥ਰਹਾਉ ॥		Sadhaa Rangeelaa Laal Piaaraa Eaehu Mehinjaa Aasaraa ||1|| Rehaao ||	My Beloved Lover is always and forever beautiful. He is my hope and inspiration. ||1||Pause||	ਮੇਰਾ ਉਹ ਪਿਆਰਾ ਲਾਲ ਸਦਾ ਆਨੰਦ-ਸਰੂਪ ਹੈ, ਮੇਰਾ ਇਹੀ ਆਸਰਾ ਹੈ ॥੧॥ ਰਹਾਉ ॥

32662	761	ਸਜਣੁ ਤੂਹੈ ਸੈਣੁ ਤੂ ਮੈ ਤੁਝ ਉਪਰਿ ਬਹੁ ਮਾਣੀਆ॥		Sajan Thoohai Sain Thoo Mai Thujh Oupar Bahu Maaneeaa ||	You are my Best Friend; You are my relative. I am so proud of You.	ਹੇ ਖਸਮ-ਪ੍ਰਭੂ! ਮੇਰਾ ਤਾਂ ਤੂੰ ਹੀ ਸੱਜਣ ਹੈਂ, ਤੂੰ ਹੀ ਸਨਬੰਧੀ ਹੈਂ। ਮੈਨੂੰ ਤਾਂ ਤੇਰੇ ਉਤੇ ਹੀ ਮਾਣ ਹੈ।
32663	761	ਜਾ ਤੂ ਅੰਦਰਿ ਤਾ ਸੁਖੇ ਤੂੰ ਨਿਮਾਣੀ ਮਾਣੀਆ॥੨॥	ਸੁਖੇ ਪੋਲਾ	Jaa Thoo Andhar Thaa Sukhae Thoon Nimaanee Maaneeaa ||2||	And when You dwell within me, I am at peace. I am without honor - You are my honor. ||2||	ਜਦੋਂ ਤੂੰ ਮੇਰੇ ਹਿਰਦੇ-ਘਰ ਵਿਚ ਵੱਸਦਾ ਹੈਂ, ਤਦੋਂ ਹੀ ਮੈਂ ਸੁਖੀ ਹੁੰਦੀ ਹਾਂ। ਮੈਂ ਨਿਮਾਣੀ ਦਾ ਤੂੰ ਹੀ ਮਾਣ ਹੈਂ ॥੨॥
32664	761	ਜੇ ਤੂ ਤੁਠਾ ਕ੍ਰਿਪਾਨਿਧਾਨ ਨਾ ਦੂਜਾ ਵੇਖਾਲਿ॥		Jae Thoo Thuthaa Kirapaa Nidhhaan Naa Dhoojaa Vaekhaal ||	And when You are pleased with me, O treasure of mercy, then I do not see any other.	ਹੇ ਕਿਰਪਾ ਦੇ ਖ਼ਜ਼ਾਨੇ ਖਸਮ-ਪ੍ਰਭੂ! ਜੇ ਤੂੰ ਮੇਰੇ ਉੱਤੇ ਦਇਆਵਾਨ ਹੋਇਆ ਹੈਂ, ਤਾਂ (ਆਪਣੇ ਚਰਨਾਂ ਤੋਂ ਬਿਨਾ) ਕੋਈ ਹੋਰ (ਆਸਰਾ) ਨਾਹ ਵਿਖਾਈਂ।
32665	761	ਏਹਾ ਪਾਈ ਮੂ ਦਾਤੜੀ ਨਿਤ ਹਿਰਦੈ ਰਖਾ ਸਮਾਲਿ॥੩॥	ਦੱਾਤੜੀ	Eaehaa Paaee Moo Dhaatharree Nith Hiradhai Rakhaa Samaal ||3||	Please grant me this blessing, that that I may forever dwell upon You and cherish You within my heart. ||3||	ਮੈਂ ਤਾਂ ਇਹੋ ਸੋਹਣੀ ਦਾਤ ਲੱਭੀ ਹੋਈ ਹੈ, ਇਸੇ ਨੂੰ ਮੈਂ ਸਦਾ ਆਪਣੇ ਹਿਰਦੇ ਵਿਚ ਸਾਂਭ ਸਾਂਭ ਰੱਖਦੀ ਹਾਂ ॥੩॥
32666	761	ਪਾਵ ਜੁਲਾਈ ਪੰਧ ਤਉ ਨੈਣੀ ਦਰਸੁ ਦਿਖਾਲਿ॥	(ਜੁਲਾਈ)ਚੱਲਾਂ। (ਪੰਧ)ਰਸਤੇ। (ਤਉ)ਆਪਜੀ	Paav Julaaee Pandhh Tho Nainee Dharas Dhikhaal ||	Let my feet walk on Your Path, and let my eyes behold the Blessed Vision of Your Darshan.	ਹੇ ਖਸਮ-ਪ੍ਰਭੂ! ਮੈਂ ਆਪਣੇ ਪੈਰਾਂ ਨੂੰ ਤੇਰੇ (ਦੇਸ ਲੈ ਜਾਣ ਵਾਲੇ) ਰਸਤੇ ਉਤੇ ਤੋਰਾਂ। ਹੇ ਪਿਆਰੇ! (ਮੇਰੀਆਂ ਇਹਨਾਂ) ਅੱਖਾਂ ਨੂੰ ਆਪਣਾ ਦਰਸਨ ਦਿਖਾਲ।

32667	761	ਸ੍ਰਵਣੀ ਸੁਣੀ ਕਹਾਣੀਆ ਜੇ ਗੁਰੁ ਥੀਵੈ ਕਿਰਪਾਲਿ॥੪॥		Sravanee Sunee Kehaaneeaa Jae Gur Thheevai Kirapaal ||4||	With my ears, I will listen to Your Sermon, if the Guru becomes merciful to me. ||4||	ਜੇ ਗੁਰੂ (ਮੇਰੇ ਉਤੇ) ਦਇਆਵਾਨ ਹੋਵੇ, ਤਾਂ ਮੈਂ (ਉਸ ਪਾਸੋਂ) ਆਪਣੇ ਕੰਨਾਂ ਨਾਲ ਤੇਰੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਦੀ ਰਹਾਂ ॥੪॥
32668	761	ਕਿਤੀ ਲਖ ਕਰੋੜਿ ਪਿਰੀਏ ਰੋਮ ਨ ਪੁਜਨਿ ਤੇਰਿਆ॥	ਕਿਤੀ:ਪੋਲਾ ਬੋਲੋ	Kithee Lakh Karorr Pireeeae Rom N Pujan Thaeriaa ||	Hundreds of thousands and millions do not equal even one hair of Yours, O my Beloved.	ਜੇ ਮੈਂ ਕਿਤਨੇ ਹੀ ਲੱਖਾਂ ਤੇ ਕ੍ਰੋੜਾਂ ਤੇਰੇ ਗੁਣ ਦੱਸਾਂ, ਤਾਂ ਭੀ ਉਹ ਸਾਰੇ ਤੇਰੇ ਇਕ ਰੋਮ (ਦੀ ਵਡਿਆਈ) ਤਕ ਨਹੀਂ ਅੱਪੜ ਸਕਦੇ।
32669	761	ਤੂ ਸਾਹੀ ਹੂ ਸਾਹੁ ਹਉ ਕਹਿ ਨ ਸਕਾ ਗੁਣ ਤੇਰਿਆ॥੫॥		Thoo Saahee Hoo Saahu Ho Kehi N Sakaa Gun Thaeriaa ||5||	You are the King of kings; I cannot even describe Your Glorious Praises. ||5||	ਹੇ ਪਿਆਰੇ! ਤੂੰ ਸ਼ਾਹਾਂ ਦਾ ਪਾਤਿਸ਼ਾਹ ਹੈਂ। ਮੈਂ ਤੇਰੇ ਸਾਰੇ ਗੁਣ ਬਿਆਨ ਨਹੀਂ ਕਰ ਸਕਦੀ ॥੫॥
32670	761	ਸਹੀਆ ਤਉ ਅਸੰਖ ਮੰਞਹੁ ਹਭਿ ਵਧਾਣੀਆ॥		Seheeaa Thoo Asankh Mannjahu Habh Vadhhaaneeaa ||	Your brides are countless; they are all greater than I am.	ਹੇ ਪਿਆਰੇ! ਅਣਗਿਣਤ ਹੀ ਸਹੇਲੀਆਂ ਤੇਰੇ (ਦਰ ਦੀਆਂ ਦਾਸੀਆਂ) ਹਨ। ਮੇਰੇ ਨਾਲੋਂ ਉਹ ਸਾਰੀਆਂ ਹੀ ਚੰਗੀਆਂ ਹਨ।

32671	761	ਹਿਕ ਭੋਰੀ ਨਦਰਿ ਨਿਹਾਲਿ ਦੇਹਿ ਦਰਸੁ ਰੰਗੁ ਮਾਣੀਆ॥੬॥		Hik Bhoree Nadhar Nihaal Dhaehi Dharas Rang Maaneeaa ||6||	Please bless me with Your Glance of Grace, even for an instant; please bless me with Your Darshan, that I may revel in Your Love. ||6||	ਇਕ ਰਤਾ ਭੀ ਸਮੇ ਲਈ ਹੀ ਮੇਰੇ ਵਲ ਭੀ ਮੇਹਰ ਦੀ ਨਿਗਾਹ ਨਾਲ ਵੇਖ। ਮੈਨੂੰ ਭੀ ਦਰਸਨ ਦੇਹ, ਤਾ ਕਿ ਮੈਂ ਭੀ ਆਤਮਕ ਆਨੰਦ ਮਾਣ ਸਕਾਂ ॥੬॥
32672	761	ਜੈ ਡਿਠੇ ਮਨੁ ਧੀਰੀਐ ਕਿਲਵਿਖ ਵੰਞਨਿ ਦੂਰੇ॥		Jai Ddithae Man Dhheereeai Kilavikh Vannjanih Dhoorae ||	Seeing Him, my mind is comforted and consoled, and my sins and mistakes are far removed.	ਹੇ ਮਾਂ! ਜਿਸ ਪ੍ਰਭੂ ਦਾ ਦਰਸਨ ਕੀਤਿਆਂ ਮਨ ਧੀਰਜ ਫੜਦਾ ਹੈ ਅਤੇ ਸਾਰੇ ਪਾਪ ਦੂਰ ਹੋ ਜਾਂਦੇ ਹਨ?
32673	761	ਸੋ ਕਿਉ ਵਿਸਰੈ ਮਾਉ ਮੈ ਜੋ ਰਹਿਆ ਭਰਪੂਰੇ॥੭॥		So Kio Visarai Maao Mai Jo Rehiaa Bharapoorae ||7||	How could I ever forget Him, O my mother? He is permeating and pervading everywhere. ||7||	ਮੈਨੂੰ (ਭਲਾ) ਉਹ (ਪਿਆਰਾ) ਕਿਵੇਂ ਵਿਸਰ ਸਕਦਾ ਹੈ, ਜੋ ਸਾਰੇ ਜਗਤ ਵਿਚ ਵਿਆਪਕ ਹੈ ॥੭॥
32674	761	ਹੋਇ ਨਿਮਾਣੀ ਢਹਿ ਪਈ ਮਿਲਿਆ ਸਹਜਿ ਸੁਭਾਇ॥		Hoe Nimaanee Dtehi Pee Miliaa Sehaj Subhaae ||	In humility, I bowed down in surrender to Him, and He naturally met me.	ਜਦੋਂ ਮੈਂ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਟਿਕ ਕੇ, ਆਜਜ਼ ਹੋ ਕੇ (ਮਾਣ ਛੱਡ ਕੇ ਉਸ ਦੇ ਦਰ ਤੇ) ਢਹਿ ਪਈ, ਤਾਂ ਉਹ ਪਿਆਰਾ ਮੈਨੂੰ ਮਿਲ ਪਿਆ।

32675	761	ਪੂਰਬਿ ਲਿਖਿਆ ਪਾਇਆ ਨਾਨਕ ਸੰਤ ਸਹਾਇ॥੮॥੧॥੪॥		Poorab Likhiaa Paaeiaa Naanak Santh Sehaae ||8||1||4||	I have received what was pre-ordained for me, O Nanak, with the help and assistance of the Saints. ||8||1||4||	ਹੇ ਨਾਨਕ! (ਆਖ-) ਕਿਸੇ ਪੂਰਬਲੇ ਜਨਮ ਵਿਚ ਚੰਗੀ ਕਿਸਮਤ ਦਾ ਲਿਖਿਆ ਲੇਖ ਮੈਨੂੰ ਗੁਰੂ ਦੀ ਸਹਾਇਤਾ ਨਾਲ ਮਿਲ ਪਿਆ ਹੈ ॥੮॥੧॥੪॥
32676	761	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
32677	761	ਸਿਮ੍ਰਿਤਿ ਬੇਦ ਪੁਰਾਣ ਪੁਕਾਰਨਿ ਪੋਥੀਆ॥	ਸਿਮ੍ਰਿਤਿ	Simrith Baedh Puraan Pukaaran Pothheeaa ||	The Simritees, the Vedas, the Puraanas and the other holy scriptures proclaim	ਹੇ ਭਾਈ! ਜੇਹੜੇ ਮਨੁੱਖ ਵੇਦ ਪੁਰਾਣ ਸਿੰਮ੍ਰਿਤੀਆਂ ਆਦਿਕ ਧਰਮ-ਪੁਸਤਕਾਂ ਪੜ੍ਹ ਕੇ (ਨਾਮ ਨੂੰ ਲਾਂਭੇ ਛੱਡ ਕੇ ਕਰਮ ਕਾਂਡ ਆਦਿਕ ਦਾ ਉਪਦੇਸ਼) ਉੱਚੀ ਉੱਚੀ ਸੁਣਾਂਦੇ ਹਨ, ਉਹ ਮਨੁੱਖ ਥੋਥੀਆਂ ਗੱਲਾਂ ਕਰਦੇ ਹਨ।
32678	761	ਨਾਮ ਬਿਨਾ ਸਭਿ ਕੂੜੁ ਗਾਲ੍ਹੀ ਹੋਛੀਆ॥੧॥		Naam Binaa Sabh Koorr Gaalhee Hoshheeaa ||1||	That without the Naam, everything is false and worthless. ||1||	ਪਰਮਾਤਮਾ ਦੇ ਨਾਮ ਤੋਂ ਬਿਨਾ ਝੂਠਾ ਪਰਚਾਰ ਹੀ ਇਹ ਸਾਰੇ ਲੋਕ ਕਰਦੇ ਹਨ ॥੧॥
32679	761	ਨਾਮੁ ਨਿਧਾਨੁ ਅਪਾਰੁ ਭਗਤਾ ਮਨਿ ਵਸੈ॥		Naam Nidhhaan Apaar Bhagathaa Man Vasai ||	The infinite treasure of the Naam abides within the minds of the devotees.	ਹੇ ਭਾਈ! ਪਰਮਾਤਮਾ ਦੇ ਨਾਮ ਦਾ ਬੇਅੰਤ ਖ਼ਜ਼ਾਨਾ (ਪਰਮਾਤਮਾ ਦੇ) ਭਗਤਾਂ ਦੇ ਹਿਰਦੇ ਵਿਚ ਵੱਸਦਾ ਹੈ।

32680	761	ਜਨਮ ਮਰਣ ਮੋਹੁ ਦੁਖੁ ਸਾਧੂਸੰਗਿ ਨਸੈ॥੧॥ਰਹਾਉ॥	ਨੱਸੈ	Janam Maran Mohu Dhukh Saadhhoo Sang Nasai ||1|| Rehaao ||	Birth and death, attachment and suffering, are erased in the Saadh Sangat, the Company of the Holy. ||1||Pause||	ਗੁਰੂ ਦੀ ਸੰਗਤਿ ਵਿਚ (ਨਾਮ ਜਪਿਆਂ) ਜਨਮ ਮਰਨ ਦੇ ਦੁੱਖ ਅਤੇ ਮੋਹ ਆਦਿਕ ਹਰੇਕ ਕਲੇਸ਼ ਦੂਰ ਹੋ ਜਾਂਦਾ ਹੈ ॥੧॥ ਰਹਾਉ ॥
32681	761	ਮੋਹਿ ਬਾਦਿ ਅਹੰਕਾਰਿ ਸਰਪਰ ਰੁੰਨਿਆ॥	ਅਹੰ-ਕਾਰਿ	Mohi Baadh Ahankaar Sarapar Runniaa ||	Those who indulge in attachment, conflict and egotism shall surely weep and cry.	ਹੇ ਭਾਈ! ਉਹ ਮਨੁੱਖ ਮਾਇਆ ਦੇ ਮੋਹ ਵਿਚ, ਸ਼ਾਸਤ੍ਰਾਰਥ ਵਿਚ, ਅਹੰਕਾਰ ਵਿਚ ਫਸ ਕੇ ਜ਼ਰੂਰ ਦੁਖੀ ਹੁੰਦੇ ਹਨ,
32682	761	ਸੁਖੁ ਨ ਪਾਇਨਿ ਮੂਲਿ ਨਾਮ ਵਿਛੁੰਨਿਆ॥੨॥		Sukh N Paaeinih Mool Naam Vishhunniaa ||2||	Those who are separated from the Naam shall never find any peace. ||2||	(ਜੋ) ਪ੍ਰਭੂ ਦੇ ਨਾਮ ਤੋਂ ਵਿਛੁੜੇ ਹੋਏ ਹਨ। ਉਹ ਮਨੁੱਖ ਕਦੇ ਭੀ ਆਤਮਕ ਆਨੰਦ ਨਹੀਂ ਮਾਣਦੇ ॥੨॥
32683	761	ਮੇਰੀ ਮੇਰੀ ਧਾਰਿ ਬੰਧਨਿ ਬੰਧਿਆ॥		Maeree Maeree Dhhaar Bandhhan Bandhhiaa ||	Crying out, Mine! Mine!, he is bound in bondage.	ਹੇ ਭਾਈ! (ਪਰਮਾਤਮਾ ਦੇ ਨਾਮ ਤੋਂ ਖੁੰਝ ਕੇ) ਮਾਇਆ ਦੀ ਮਮਤਾ ਦਾ ਖ਼ਿਆਲ ਮਨ ਵਿਚ ਟਿਕਾ ਕੇ ਮੋਹ ਦੇ ਬੰਧਨ ਵਿਚ ਬੱਝੇ ਰਹਿੰਦੇ ਹਨ।
32684	761	ਨਰਕਿ ਸੁਰਗਿ ਅਵਤਾਰ ਮਾਇਆ ਧੰਧਿਆ॥੩॥		Narak Surag Avathaar Maaeiaa Dhhandhhiaa ||3||	Entangled in Maya, he is reincarnated in heaven and hell. ||3||	ਨਿਰੀ ਮਾਇਆ ਦੇ ਝੰਬੇਲਿਆਂ ਦੇ ਕਾਰਨ ਉਹ ਲੋਕ ਦੁੱਖ ਸੁਖ ਭੋਗਦੇ ਰਹਿੰਦੇ ਹਨ ॥੩॥

32685	761	ਸੋਧਤ ਸੋਧਤ ਸੋਧਿ ਤਤੁ ਬੀਚਾਰਿਆ॥		Sodhhath Sodhhath Sodhh Thath Beechaariaa ||	Searching, searching, searching, I have come to understand the essence of reality.	ਹੇ ਭਾਈ! ਚੰਗੀ ਤਰ੍ਹਾਂ ਪੜਤਾਲ ਕਰ ਕੇ ਨਿਰਨਾ ਕਰ ਕੇ ਅਸੀਂ ਇਸ ਅਸਲੀਅਤ ਉਤੇ ਪਹੁੰਚੇ ਹਾਂ ਕਿ ਪਰਮਾਤਮਾ ਦੇ ਨਾਮ ਤੋਂ ਬਿਨਾ ਆਤਮਕ ਆਨੰਦ ਨਹੀਂ ਮਿਲ ਸਕਦਾ।
32686	761	ਨਾਮ ਬਿਨਾ ਸੁਖੁ ਨਾਹਿ ਸਰਪਰ ਹਾਰਿਆ॥੪॥		Naam Binaa Sukh Naahi Sarapar Haariaa ||4||	Without the Naam, there is no peace at all, and the mortal will surely fail. ||4||	ਨਾਮ ਤੋਂ ਵਾਂਜੇ ਰਹਿਣ ਵਾਲੇ ਜ਼ਰੂਰ (ਮਨੁੱਖਾ ਜਨਮ ਦੀ ਬਾਜ਼ੀ) ਹਾਰ ਕੇ ਜਾਂਦੇ ਹਨ ॥੪॥
32687	762	ਆਵਹਿ ਜਾਹਿ ਅਨੇਕ ਮਰਿ ਮਰਿ ਜਨਮਤੇ॥		Aavehi Jaahi Anaek Mar Mar Janamathae ||	Many come and go; they die, and die again, and are reincarnated.	(ਪਰਮਾਤਮਾ ਦੇ ਨਾਮ ਤੋਂ ਖੁੰਝ ਕੇ) ਅਨੇਕਾਂ ਪ੍ਰਾਣੀ (ਮੁੜ ਮੁੜ) ਜੰਮਦੇ ਹਨ ਮਰਦੇ ਹਨ। ਆਤਮਕ ਮੌਤ ਸਹੇੜ ਸਹੇੜ ਕੇ ਮੁੜ ਮੁੜ ਜਨਮ ਲੈਂਦੇ ਰਹਿੰਦੇ ਹਨ।
32688	762	ਬਿਨੁ ਬੂਝੇ ਸਭੁ ਵਾਦਿ ਜੋਨੀ ਭਰਮਤੇ॥੫॥	ਬੂੱਝੇ-	Bin Boojhae Sabh Vaadh Jonee Bharamathae ||5||	Without understanding, they are totally useless, and they wander in reincarnation. ||5||	(ਆਤਮਕ ਜੀਵਨ ਦੀ) ਸੂਝ ਤੋਂ ਬਿਨਾ ਉਹਨਾਂ ਦਾ ਸਾਰਾ ਹੀ ਉੱਦਮ ਵਿਅਰਥ ਰਹਿੰਦਾ ਹੈ, ਉਹ ਅਨੇਕਾਂ ਜੂਨਾਂ ਵਿਚ ਭਟਕਦੇ ਰਹਿੰਦੇ ਹਨ ॥੫॥
32689	762	ਜਿਨ੍ਹ ਕਉ ਭਏ ਦਇਆਲ ਤਿਨ੍ਹ ਸਾਧੂਸੰਗੁ ਭਇਆ॥	ਦ-ਇਆਲ	Jinh Ko Bheae Dhaeiaal Thinh Saadhhoo Sang Bhaeiaa ||	They alone join the Saadh Sangat, unto whom the Lord becomes Merciful.	ਹੇ ਭਾਈ! ਜਿਨ੍ਹਾਂ ਮਨੁੱਖਾਂ ਉਤੇ ਪਰਮਾਤਮਾ ਦਇਆਵਾਨ ਹੁੰਦਾ ਹੈ ਉਹਨਾਂ ਨੂੰ ਗੁਰੂ ਦੀ ਸੰਗਤਿ ਪ੍ਰਾਪਤ ਹੁੰਦੀ ਹੈ,

32690	762	ਅੰਮ੍ਰਿਤੁ ਹਰਿ ਕਾ ਨਾਮੁ ਤਿਨ੍ਹੀ ਜਨੀ ਜਪਿ ਲਇਆ॥੬॥		Anmrith Har Kaa Naam Thinhee Janee Jap Laeiaa ||6||	They chant and meditate on the Ambrosial Name of the Lord. ||6||	ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਪਦੇ ਰਹਿੰਦੇ ਹਨ ॥੬॥
32691	762	ਖੋਜਹਿ ਕੋਟਿ ਅਸੰਖ ਬਹੁਤੁ ਅਨੰਤ ਕੇ॥		Khojehi Kott Asankh Bahuth Ananth Kae ||	Uncounted millions, so many they are endless, search for Him.	ਹੇ ਭਾਈ! ਕ੍ਰੋੜਾਂ ਅਣਗਿਣਤ, ਬੇਅੰਤ, ਅਨੇਕਾਂ ਹੀ ਪ੍ਰਾਣੀ (ਪਰਮਾਤਮਾ ਦੀ) ਭਾਲ ਕਰਦੇ ਹਨ,
32692	762	ਜਿਸੁ ਬੁਝਾਏ ਆਪਿ ਨੇੜਾ ਤਿਸੁ ਹੇ॥੭॥	ਬੁੱਝਾਏ	Jis Bujhaaeae Aap Naerraa This Hae ||7||	But only that one, who understands his own self, sees God near at hand. ||7||	ਪਰ ਪਰਮਾਤਮਾ ਆਪ ਜਿਸ ਮਨੁੱਖ ਨੂੰ ਸੂਝ ਬਖ਼ਸ਼ਦਾ ਹੈ, ਉਸ ਮਨੁੱਖ ਨੂੰ ਪ੍ਰਭੂ ਦੀ ਨੇੜਤਾ ਮਿਲ ਜਾਂਦੀ ਹੈ ॥੭॥
32693	762	ਵਿਸਰੁ ਨਾਹੀ ਦਾਤਾਰ ਆਪਣਾ ਨਾਮੁ ਦੇਹੁ॥		Visar Naahee Dhaathaar Aapanaa Naam Dhaehu ||	Never forget me, O Great Giver - please bless me with Your Naam.	ਹੇ ਦਾਤਾਰ! ਮੈਨੂੰ ਆਪਣਾ ਨਾਮ ਬਖ਼ਸ਼। ਮੈਂ ਤੈਨੂੰ ਕਦੇ ਨਾਹ ਭੁਲਾਵਾਂ।
32694	762	ਗੁਣ ਗਾਵਾ ਦਿਨੁ ਰਾਤਿ ਨਾਨਕ ਚਾਉ ਏਹੁ॥੮॥੨॥੫॥੧੬॥		Gun Gaavaa Dhin Raath Naanak Chaao Eaehu ||8||2||5||16||	To sing Your Glorious Praises day and night - O Nanak, this is my heart-felt desire. ||8||2||5||16||	(ਮੇਰੇ) ਨਾਨਕ (ਦੇ ਮਨ ਅੰਦਰ) ਇਹ ਤਾਂਘ ਹੈ ਕਿ ਮੈਂ ਦਿਨ ਰਾਤ ਤੇਰੇ ਗੁਣ ਗਾਂਦਾ ਰਹਾਂ ॥੮॥੨॥੫॥੧੬॥
32695	762	ਰਾਗੁ ਸੂਹੀ ਮਹਲਾ ੧ ਕੁਚਜੀ	ਕੁ-ਚੱਜੀ	Raag Soohee Mehalaa 1 Kuchajee	Raag Soohee, First Mehl, Kuchajee ~ The Ungraceful Bride:	ਰਾਗ ਸੂਹੀ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਕੁਚੱਜੀ'।

32696	762	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32697	762	ਮੰਞੁ ਕੁਚਜੀ ਅੰਮਾਵਣਿ ਡੋਸੜੇ ਹਉ ਕਿਉ ਸਹੁ ਰਾਵਣਿ ਜਾਉ ਜੀਉ॥	(ਅੰਮਾਵਣਿ)ਮਿਣਤੀ ਰਹਤ। (ਡੋਸੜੇ)ਦੋਸ਼। (ਰਾਵਣ)ਭੋਗਣ	Mannj Kuchajee Anmaavan Ddosarrae Ho Kio Sahu Raavan Jaao Jeeo ||	I am ungraceful and ill-mannered, full of endless faults. How can I go to enjoy my Husband Lord?	(ਹੇ ਸਹੇਲੀਏ!) ਮੈਂ ਸਹੀ ਜੀਵਨ ਦਾ ਚੱਜ ਨਹੀਂ ਸਿੱਖਿਆ, ਮੇਰੇ ਅੰਦਰ ਇਤਨੇ ਐਬ ਹਨ ਕਿ ਅੰਦਰ ਸਮਾ ਹੀ ਨਹੀਂ ਸਕਦੇ (ਇਸ ਹਾਲਤ ਵਿਚ) ਮੈਂ ਪ੍ਰਭੂ-ਪਤੀ ਨੂੰ ਪ੍ਰਸੰਨ ਕਰਨ ਲਈ ਕਿਵੇਂ ਜਾ ਸਕਦੀ ਹਾਂ?
32698	762	ਇਕ ਦੂ ਇਕਿ ਚੜੰਦੀਆ ਕਉਣੁ ਜਾਣੈ ਮੇਰਾ ਨਾਉ ਜੀਉ॥		Eik Dhoo Eik Charrandheeaa Koun Jaanai Maeraa Naao Jeeo ||	Each of His soul-brides is better than the rest - who even knows my name?	(ਉਸ ਦੇ ਦਰ ਤੇ ਤਾਂ) ਇਕ ਦੂਜੀ ਤੋਂ ਵਧੀਆ ਤੋਂ ਵਧੀਆ ਹਨ, ਮੇਰਾ ਤਾਂ ਉਥੇ ਕੋਈ ਨਾਮ ਭੀ ਨਹੀਂ ਜਾਣਦਾ।
32699	762	ਜਿਨੀ ਸਖੀ ਸਹੁ ਰਾਵਿਆ ਸੇ ਅੰਬੀ ਛਾਵੜੀਏਹਿ ਜੀਉ॥	(ਅੰਬੀ)ਅੰਬ ਵਾਂਗ ਸੰਤਾਂ ਦੇ ਸ੍ਰੀਰ। (ਛਾਵੜੀ-ਏਹਿ)ਸ਼ਾਂਤੀ, ਠੰਢੀ ਛਾਂ	Jinhee Sakhee Sahu Raaviaa Sae Anbee Shhaavarreeeaehi Jeeo ||	Those brides who enjoy their Husband Lord are very blessed, resting in the shade of the mango tree.	ਜਿਨ੍ਹਾਂ ਸਹੇਲੀਆਂ ਨੇ ਪ੍ਰਭੂ-ਪਤੀ ਨੂੰ ਪ੍ਰਸੰਨ ਕਰ ਲਿਆ ਹੈ ਉਹ, ਮਾਨੋ, (ਚੁਮਾਸੇ ਵਿਚ) ਅੰਬਾਂ ਦੀਆਂ (ਠੰਢੀਆਂ) ਛਾਵਾਂ ਵਿਚ ਬੈਠੀਆਂ ਹੋਈਆਂ ਹਨ।

32700	762	ਸੇ ਗੁਣ ਮੰਞੁ ਨ ਆਵਨੀ ਹਉ ਕੈ ਜੀ ਦੋਸ ਧਰੇਉ ਜੀਉ॥		Sae Gun Mannj N Aavanee Ho Kai Jee Dhos Dhharaeo Jeeo ||	I do not have their virtue - who can I blame for this?	ਮੇਰੇ ਅੰਦਰ ਤਾਂ ਉਹ ਗੁਣ ਹੀ ਨਹੀਂ ਹਨ (ਜਿਨ੍ਹਾਂ ਉਤੇ ਪ੍ਰਭੂ-ਪਤੀ ਰੀਝਦਾ ਹੈ) ਮੈਂ (ਆਪਣੀ ਇਸ ਅਭਾਗਤਾ ਦਾ) ਦੋਸ ਹੋਰ ਕਿਸ ਨੂੰ ਦੇ ਸਕਦੀ ਹਾਂ?
32701	762	ਕਿਆ ਗੁਣ ਤੇਰੇ ਵਿਥਰਾ ਹਉ ਕਿਆ ਕਿਆ ਘਿਨਾ ਤੇਰਾ ਨਾਉ ਜੀਉ॥	ਘਿਨਾਲੈਣਾ ਕਰਾਂ	Kiaa Gun Thaerae Vithharaa Ho Kiaa Kiaa Ghinaa Thaeraa Naao Jeeo ||	Which of Your Virtues, O Lord, should I speak of? Which of Your Names should I chant?	ਹੇ ਪ੍ਰਭੂ-ਪਤੀ! (ਤੂੰ ਬੇਅੰਤ ਗੁਣਾਂ ਦਾ ਮਾਲਕ ਹੈਂ) ਮੈਂ ਤੇਰੇ ਕੇਹੜੇ ਕੇਹੜੇ ਗੁਣ ਵਿਸਥਾਰ ਨਾਲ ਦੱਸਾਂ? ਤੇ ਮੈਂ ਤੇਰਾ ਕੇਹੜਾ ਕੇਹੜਾ ਨਾਮ ਲਵਾਂ? (ਤੇਰੇ ਅਨੇਕਾਂ ਗੁਣਾਂ ਨੂੰ ਵੇਖ ਕੇ ਤੇਰੇ ਅਨੇਕਾਂ ਹੀ ਨਾਮ ਜੀਵ ਲੈ ਰਹੇ ਹਨ)।
32702	762	ਇਕਤੁ ਟੋਲਿ ਨ ਅੰਬੜਾ ਹਉ ਸਦ ਕੁਰਬਾਣੈ ਤੇਰੈ ਜਾਉ ਜੀਉ॥	(ਟੋਲਿ)ਪਦਾਰਥ। (ਅੰਬੜਾ)ਪਹੁੰਚ ਸਕਾਂ	Eikath Ttol N Anbarraa Ho Sadh Kurabaanai Thaerai Jaao Jeeo ||	I cannot even reach one of Your Virtues. I am forever a sacrifice to You.	ਤੇਰੇ ਬਖ਼ਸ਼ੇ ਹੋਏ ਕਿਸੇ ਇੱਕ ਸੁੰਦਰ ਪਦਾਰਥ ਦੀ ਰਾਹੀਂ ਭੀ (ਤੇਰੀਆਂ ਦਾਤਾਂ ਦੇ ਲੇਖੇ ਤਕ) ਨਹੀਂ ਪਹੁੰਚ ਸਕਦੀ (ਬਸ!) ਮੈਂ ਤੈਥੋਂ ਕੁਰਬਾਨ ਹੀ ਕੁਰਬਾਨ ਜਾਂਦੀ ਹਾਂ।
32703	762	ਸੁਇਨਾ ਰੁਪਾ ਰੰਗੁਲਾ ਮੋਤੀ ਤੈ ਮਾਣਿਕੁ ਜੀਉ॥		Sueinaa Rupaa Rangulaa Mothee Thai Maanik Jeeo ||	Gold, silver, pearls and rubies are pleasing.	(ਹੇ ਸਹੇਲੀਏ! ਵੇਖ ਮੇਰੀ ਅਭਾਗਤਾ!) ਸੋਨਾ, ਚਾਂਦੀ, ਮੋਤੀ ਤੇ ਹੀਰਾ ਆਦਿਕ ਸੋਹਣੇ ਕੀਮਤੀ ਪਦਾਰਥ-

32704	762	ਸੇ ਵਸਤੂ ਸਹਿ ਦਿਤੀਆ ਮੈ ਤਿਨ੍ ਸਿਉ ਲਾਇਆ ਚਿਤੁ ਜੀਉ॥		Sae Vasathoo Sehi Dhitheeaa Mai Thinh Sio Laaeiaa Chith Jeeo ||	My Husband Lord has blessed me with these things, and I have focused my thoughts on them.	ਇਹ ਚੀਜ਼ਾਂ ਪ੍ਰਭੂ-ਪਤੀ ਨੇ ਮੈਨੂੰ ਦਿੱਤੀਆਂ, ਮੈਂ (ਉਸ ਨੂੰ ਭੁਲਾ ਕੇ ਉਸ ਦੀਆਂ ਦਿੱਤੀਆਂ) ਇਹਨਾਂ ਚੀਜ਼ਾਂ ਨਾਲ ਪਿਆਰ ਪਾ ਲਿਆ।
32705	762	ਮੰਦਰ ਮਿਟੀ ਸੰਦੜੇ ਪਥਰ ਕੀਤੇ ਰਾਸਿ ਜੀਉ॥	ਮਿੱਟੀ	Mandhar Mittee Sandharrae Pathhar Keethae Raas Jeeo ||	Palaces of brick and mud are built and decorated with stones;	ਮਿੱਟੀ ਪੱਥਰ ਆਦਿਕ ਦੇ ਬਣਾਏ ਹੋਏ ਸੋਹਣੇ ਘਰ-ਇਹੀ ਮੈਂ ਆਪਣੀ ਰਾਸ-ਪੂੰਜੀ ਬਣਾ ਲਏ।
32706	762	ਹਉ ਏਨੀ ਟੋਲੀ ਭੁਲੀਅਸੁ ਤਿਸੁ ਕੰਤ ਨ ਬੈਠੀ ਪਾਸਿ ਜੀਉ॥	(ਟੋਲੀਂ)ਪਦਾਰਥਾਂ। ਭੁੱਲੀ-ਅਸੁ	Ho Eaenee Ttolee Bhuleeas This Kanth N Baithee Paas Jeeo ||	I have been fooled by these decorations, and I do not sit near my Husband Lord.	ਮੈਂ ਇਹਨਾਂ ਸੋਹਣੇ ਪਦਾਰਥਾਂ ਵਿਚ ਹੀ (ਫਸ ਕੇ) ਗ਼ਲਤੀ ਖਾ ਗਈ, (ਇਹ ਪਦਾਰਥ ਦੇਣ ਵਾਲੇ) ਉਸ ਖਸਮ-ਪ੍ਰਭੂ ਦੇ ਪਾਸ ਮੈਂ ਨਾਹ ਬੈਠੀ।
32707	762	ਅੰਬਰਿ ਕੂੰਜਾ ਕੁਰਲੀਆ ਬਗ ਬਹਿਠੇ ਆਇ ਜੀਉ॥	ਕੂੰਜਾਂ।ਕੁਰਲੀਆਂ।ਬੱਗ।ਬਹਿ-ਠੇ	Anbar Koonjaa Kuraleeaa Bag Behithae Aae Jeeo ||	The cranes shriek overhead in the sky, and the herons have come to rest.	ਮਾਇਆ ਦੇ ਮੋਹ ਵਿਚ ਫਸ ਕੇ ਜਿਸ ਜੀਵ-ਇਸਤ੍ਰੀ ਦੇ ਸ਼ੁਭ ਗੁਣ ਉਸ ਤੋਂ ਦੂਰ ਪਰੇ ਚਲੇ ਜਾਣ, ਤੇ ਉਸ ਦੇ ਅੰਦਰ ਨਿਰੇ ਪਖੰਡ ਹੀ ਇਕੱਠੇ ਹੋ ਜਾਣ,

32708	762	ਸਾ ਧਨ ਚਲੀ ਸਾਹੁਰੈ ਕਿਆ ਮੁਹੁ ਦੇਸੀ ਅਗੈ ਜਾਇ ਜੀਉ॥		Saa Dhhan Chalee Saahurai Kiaa Muhu Dhaesee Agai Jaae Jeeo ||	The bride has gone to her father-in-law's house; in the world hereafter, what face will she show?	ਉਹ ਜਦੋਂ ਇਸ ਹਾਲ ਵਿਚ ਪਰਲੋਕ ਜਾਵੇ ਤਾਂ ਜਾ ਕੇ ਪਰਲੋਕ ਵਿਚ (ਪ੍ਰਭੂ ਦੀ ਹਜ਼ੂਰੀ ਵਿਚ) ਕੀਹ ਮੂੰਹ ਵਿਖਾਵੇਗੀ?
32709	762	ਸੁਤੀ ਸੁਤੀ ਝਾਲੁ ਥੀਆ ਭੁਲੀ ਵਾਟੜੀਆਸੁ ਜੀਉ॥	ਕਾਲ ਰੂਪ (ਝਾਲੁ) ਸਵੇਰਾ।(ਵਾਟੜੀ-ਆਸੁ)ਭਗਤੀ ਰੂਪ ਵਾਟ।ਸੁੱਤੀ	Suthee Suthee Jhaal Thheeaa Bhulee Vaattarreeaas Jeeo ||	She kept sleeping as the day dawned; she forgot all about her journey.	ਹੇ ਪ੍ਰਭੂ! ਮਾਇਆ ਦੇ ਮੋਹ ਦੀ ਨੀਂਦ ਵਿਚ ਗ਼ਾਫ਼ਿਲ ਪਏ ਰਿਹਾਂ ਮੈਨੂੰ ਬੁਢੇਪਾ ਆ ਗਿਆ ਹੈ, ਜੀਵਨ ਦੇ ਸਹੀ ਰਸਤੇ ਤੋਂ ਮੈਂ ਖੁੰਝੀ ਹੋਈ ਹਾਂ।
32710	762	ਤੈ ਸਹ ਨਾਲਹੁ ਮੁਤੀਅਸੁ ਦੁਖਾ ਕੂੰ ਧਰੀਆਸੁ ਜੀਉ॥	ਮੁੱਤੀ-ਅਸੁ। (ਧਰੀ-ਆਸੁ)ਧਰਨਾ ਕਰਦੀ ਹਾਂ	Thai Seh Naalahu Mutheeas Dhukhaa Koon Dhhareeaas Jeeo ||	She separated herself from her Husband Lord, and now she suffers in pain.	ਹੇ ਪਤੀ! ਮੈਂ ਤੇਰੇ ਨਾਲੋਂ ਵਿਛੁੜੀ ਹੋਈ ਹਾਂ, ਮੈਂ ਨਿਰੇ ਦੁੱਖ ਹੀ ਦੁੱਖ ਸਹੇੜੇ ਹੋਏ ਹਨ।
32711	762	ਤੁਧੁ ਗੁਣ ਮੈ ਸਭਿ ਅਵਗਣਾ ਇਕ ਨਾਨਕ ਕੀ ਅਰਦਾਸਿ ਜੀਉ॥		Thudhh Gun Mai Sabh Avaganaa Eik Naanak Kee Aradhaas Jeeo ||	Virtue is in You, O Lord; I am totally without virtue. This is Nanak's only prayer:	ਹੇ ਪ੍ਰਭੂ! ਤੂੰ ਬੇਅੰਤ ਗੁਣਾਂ ਵਾਲਾ ਹੈਂ, ਮੇਰੇ ਅੰਦਰ ਸਾਰੇ ਔਗੁਣ ਹੀ ਔਗੁਣ ਹਨ, ਫਿਰ ਭੀ ਨਾਨਕ ਦੀ ਬੇਨਤੀ (ਤੇਰੇ ਹੀ ਦਰ ਤੇ) ਹੈ,

32712	762	ਸਭਿ ਰਾਤੀ ਸੋਹਾਗਣੀ ਮੈ ਡੋਹਾਗਣਿ ਕਾਈ ਰਾਤਿ ਜੀਉ॥੧॥		Sabh Raathee Sohaaganee Mai Ddohaagan Kaaee Raath Jeeo ||1||	You give all Your nights to the virtuous soul-brides. I know I am unworthy, but isn't there a night for me as well? ||1||	ਕਿ ਭਾਗਾਂ ਵਾਲੀਆਂ ਜੀਵ-ਇਸਤ੍ਰੀਆਂ ਤਾਂ ਸਦਾ ਹੀ ਤੇਰੇ ਨਾਮ-ਰੰਗ ਵਿਚ ਰੰਗੀਆਂ ਹੋਈਆਂ ਹਨ, ਮੈਨੂੰ ਅਭਾਗਣ ਨੂੰ ਭੀ ਕੋਈ ਇਕ ਰਾਤ ਬਖ਼ਸ਼ (ਮੇਰੇ ਉਤੇ ਭੀ ਕਦੇ ਮੇਹਰ ਦੀ ਨਿਗਾਹ ਕਰ) ॥੧॥
32713	762	ਸੂਹੀ ਮਹਲਾ ੧ ਸੁਚਜੀ॥	ਸੁ-ਚੱਜੀ	Soohee Mehalaa 1 Suchajee ||	Soohee, First Mehl, Suchajee ~ The Noble And Graceful Bride:	
32714	762	ਜਾ ਤੂ ਤਾ ਮੈ ਸਭੁ ਕੋ ਤੂ ਸਾਹਿਬੁ ਮੇਰੀ ਰਾਸਿ ਜੀਉ॥		Jaa Thoo Thaa Mai Sabh Ko Thoo Saahib Maeree Raas Jeeo ||	When I have You, then I have everything. O my Lord and Master, You are my wealth and capital.	ਹੇ ਪ੍ਰਭੂ! ਜਦੋਂ ਤੂੰ (ਮੇਰੇ ਵਲ ਹੁੰਦਾ ਹੈਂ) ਤਦੋਂ ਹਰੇਕ ਜੀਵ ਮੈਨੂੰ (ਆਦਰ ਦੇਂਦਾ ਹੈ)। ਤੂੰ ਹੀ ਮੇਰਾ ਮਾਲਕ ਹੈਂ, ਤੂੰ ਹੀ ਮੇਰਾ ਸਰਮਾਇਆ ਹੈਂ।
32715	762	ਤੁਧੁ ਅੰਤਰਿ ਹਉ ਸੁਖਿ ਵਸਾ ਤੂੰ ਅੰਤਰਿ ਸਾਬਾਸਿ ਜੀਉ॥		Thudhh Anthar Ho Sukh Vasaa Thoon Anthar Saabaas Jeeo ||	Within You, I abide in peace; within You, I am congratulated.	ਜਦੋਂ ਮੈਂ ਤੈਨੂੰ ਆਪਣੇ ਹਿਰਦੇ ਵਿਚ ਵਸਾ ਲੈਂਦੀ ਹਾਂ ਤਦੋਂ ਮੈਂ ਸੁਖੀ ਵਸਦੀ ਹਾਂ ਜਦੋਂ ਤੂੰ ਮੇਰੇ ਹਿਰਦੇ ਵਿਚ ਪਰਗਟ ਹੋ ਜਾਂਦਾ ਹੈਂ ਤਦੋਂ ਮੈਨੂੰ (ਹਰ ਥਾਂ) ਸੋਭਾ ਮਿਲਦੀ ਹੈ।

32716	762	ਭਾਣੈ ਤਖਤਿ ਵਡਾਈਆ ਭਾਣੈ ਭੀਖ ਉਦਾਸਿ ਜੀਉ॥		Bhaanai Thakhath Vaddaaeeaa Bhaanai Bheekh Oudhaas Jeeo ||	By the Pleasure of Your Will, You bestow thrones and greatness. And by the Pleasure of Your Will, You make us beggars and wanderers.	ਪ੍ਰਭੂ ਦੀ ਰਜ਼ਾ ਵਿਚ ਹੀ ਕੋਈ ਤਖ਼ਤ ਉਤੇ ਬੈਠਾ ਹੈ ਤੇ ਵਡਿਆਈਆਂ ਮਿਲ ਰਹੀਆਂ ਹਨ, ਉਸ ਦੀ ਰਜ਼ਾ ਵਿਚ ਹੀ ਕੋਈ ਵਿਰਕਤ ਹੋ ਕੇ (ਦਰ ਦਰ ਤੇ) ਭਿੱਛਿਆ ਮੰਗਦਾ ਫਿਰਦਾ ਹੈ।
32717	762	ਭਾਣੈ ਥਲ ਸਿਰਿ ਸਰੁ ਵਹੈ ਕਮਲੁ ਫੁਲੈ ਆਕਾਸਿ ਜੀਉ॥	ਆਪਜੀ ਦੇ ਭਾਣੇ ਚ(ਥਲ)ਮਾਰੂਥਲਾਂ ਦੇ ਸਿਰਿ ਤੇ (ਸਰੁ)ਦਰਿਆ ਵਹਿ ਤੁਰਦੇ ਹਨ,ਭਾਵ ਸ਼ਰਧਾ ਹੀਨ ਖੁਸ਼ਕ ਥਲ ਰਿਦਿਆਂ ਚ ਪ੍ਰੇਮ ਦੇ (ਸਰੁ)ਦਰਿਆ ਵਗ ਤੁਰਦੇ ਹਨ। (ਆਕਾਸਿ)ਅਕਾਸ਼ ਵਾਂਗ ਹੰਕਾਰੀ ਰਿਦਿਆਂ	Bhaanai Thhal Sir Sar Vehai Kamal Fulai Aakaas Jeeo ||	By the Pleasure of Your Will, the ocean flows in the desert, and the lotus blossoms in the sky.	ਪ੍ਰਭੂ ਦੀ ਰਜ਼ਾ ਵਿਚ ਹੀ ਕਿਤੇ ਸੁੱਕੀ ਧਰਤੀ ਉਤੇ ਸਰੋਵਰ ਚਲ ਪੈਂਦਾ ਹੈ ਤੇ ਕੌਲ ਫੁੱਲ ਆਕਾਸ਼ ਵਿਚ ਖਿੜ ਆਉਂਦਾ ਹੈ (ਭਾਵ, ਕਿਸੇ ਅਹੰਕਾਰੀ ਪ੍ਰੇਮ-ਹੀਣ ਹਿਰਦੇ ਵਿਚ ਪ੍ਰੇਮ ਦਾ ਪ੍ਰਵਾਹ ਚੱਲ ਪੈਂਦਾ ਹੈ)।
32718	762	ਭਾਣੈ ਭਵਜਲੁ ਲੰਘੀਐ ਭਾਣੈ ਮੰਝਿ ਭਰੀਆਸਿ ਜੀਉ॥		Bhaanai Bhavajal Langheeai Bhaanai Manjh Bhareeaas Jeeo ||	By the Pleasure of Your Will, one crosses over the terrifying world-ocean; by the Pleasure of Your Will, he sinks down into it.	ਪ੍ਰਭੂ ਦੀ ਰਜ਼ਾ ਵਿਚ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ; ਉਸ ਦੀ ਰਜ਼ਾ ਅਨੁਸਾਰ ਹੀ ਵਿਕਾਰਾਂ ਨਾਲ ਭਰੀਜ ਕੇ ਵਿੱਚੇ ਹੀ ਡੁੱਬ ਜਾਈਦਾ ਹੈ।

32719	762	ਭਾਣੈ ਸੋ ਸਹੁ ਰੰਗੁਲਾ ਸਿਫਤਿ ਰਤਾ ਗੁਣਤਾਸਿ ਜੀਉ॥		Bhaanai So Sahu Rangulaa Sifath Rathaa Gunathaas Jeeo ||	By the Pleasure of His Will, that Lord becomes my Husband, and I am imbued with the Praises of the Lord, the treasure of virtue.	ਉਸ ਦੀ ਰਜ਼ਾ ਵਿਚ ਹੀ ਕਿਸੇ ਜੀਵ-ਇਸਤ੍ਰੀ ਨੂੰ ਉਹ ਪ੍ਰਭੂ-ਪਤੀ ਪਿਆਰਾ ਲੱਗਦਾ ਹੈ, ਰਜ਼ਾ ਅਨੁਸਾਰ ਹੀ ਕੋਈ ਜੀਵ ਉਸ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੀਆਂ ਸਿਫ਼ਤਾਂ ਵਿਚ ਮਸਤ ਰਹਿੰਦਾ ਹੈ।
32720	762	ਭਾਣੈ ਸਹੁ ਭੀਹਾਵਲਾ ਹਉ ਆਵਣਿ ਜਾਣਿ ਮੁਈਆਸਿ ਜੀਉ॥	(ਭਹਿਾਵਲਾ)ਭੈਦਾਇਕ ਸੰਸਾਰ। ਮੁਈ-ਆਸਿ	Bhaanai Sahu Bheehaavalaa Ho Aavan Jaan Mueeaas Jeeo ||	By the Pleasure of Your Will, O my Husband Lord, I am afraid of You, and I come and go, and die.	ਇਹ ਭੀ ਉਸ ਦੀ ਰਜ਼ਾ ਵਿਚ ਹੀ ਹੈ ਕਿ ਕਦੇ ਉਹ ਖਸਮ ਮੈਨੂੰ ਜੀਵ-ਇਸਤ੍ਰੀ ਨੂੰ ਡਰਾਉਣਾ ਲੱਗਦਾ ਹੈ, ਤੇ ਮੈਂ ਜਨਮ ਮਰਨ ਦੇ ਗੇੜ ਵਿਚ ਪੈ ਕੇ ਆਤਮਕ ਮੌਤੇ ਮਰਦੀ ਹਾਂ।
32721	762	ਤੂ ਸਹੁ ਅਗਮੁ ਅਤੋਲਵਾ ਹਉ ਕਹਿ ਕਹਿ ਢਹਿ ਪਈਆਸਿ ਜੀਉ॥		Thoo Sahu Agam Atholavaa Ho Kehi Kehi Dtehi Peeaas Jeeo ||	You, O my Husband Lord, are inaccessible and immeasurable; talking and speaking of You, I have fallen at Your Feet.	ਹੇ ਪ੍ਰਭੂ-ਪਤੀ! ਤੂੰ ਅਪਹੁੰਚ ਹੈਂ, ਤੂੰ ਬੇਅੰਤ ਗੁਣਾਂ ਦਾ ਮਾਲਕ ਹੈਂ। ਮੈਂ ਅਰਦਾਸਾਂ ਕਰ ਕਰ ਕੇ ਤੇਰੇ ਹੀ ਦਰ ਤੇ ਢਹਿ ਪਈ ਹਾਂ (ਮੈਂ ਤੇਰਾ ਹੀ ਆਸਰਾ-ਪਰਨਾ ਲਿਆ ਹੈ)।
32722	762	ਕਿਆ ਮਾਗਉ ਕਿਆ ਕਹਿ ਸੁਣੀ ਮੈ ਦਰਸਨ ਭੂਖ ਪਿਆਸਿ ਜੀਉ॥		Kiaa Maago Kiaa Kehi Sunee Mai Dharasan Bhookh Piaas Jeeo ||	What should I beg for? What should I say and hear? I am hungry and thirsty for the Blessed Vision of Your Darshan.	ਮੈਂ ਤੇਰੇ ਦਰ ਤੋਂ ਹੋਰ ਕੀਹ ਮੰਗਾਂ? ਤੈਨੂੰ ਹੋਰ ਕੀਹ ਆਖਾਂ ਜੋ ਤੂੰ ਸੁਣੇਂ? ਮੈਨੂੰ ਤੇਰੇ ਦੀਦਾਰ ਦੀ ਭੁੱਖ ਹੈ, ਮੈਂ ਤੇਰੇ ਦਰਸਨ ਦੀ ਪਿਆਸੀ ਹਾਂ।

32723	762	ਗੁਰ ਸਬਦੀ ਸਹੁ ਪਾਇਆ ਸਚੁ ਨਾਨਕ ਕੀ ਅਰਦਾਸਿ ਜੀਉ॥੨॥		Gur Sabadhee Sahu Paaeiaa Sach Naanak Kee Aradhaas Jeeo ||2||	Through the Word of the Guru's Teachings, I have found my Husband Lord. This is Nanak's true prayer. ||2||	ਤੂੰ ਸਦਾ-ਥਿਰ ਰਹਿਣ ਵਾਲਾ ਖਸਮ ਗੁਰੂ ਦੇ ਸ਼ਬਦ ਦੀ ਰਾਹੀਂ ਮਿਲਦਾ ਹੈਂ। ਮੇਰੀ ਨਾਨਕ ਦੀ ਤੇਰੇ ਅੱਗੇ ਅਰਜ਼ੋਈ ਹੈ ਕਿ ਮੈਨੂੰ ਭੀ ਗੁਰੂ ਦੀ ਸਰਨ ਪਾ ਕੇ ਮਿਲ ॥੨॥
32724	763	ਸੂਹੀ ਮਹਲਾ ੫ ਗੁਣਵੰਤੀ॥		Soohee Mehalaa 5 Gunavanthee ||	Soohee, Fifth Mehl, Gunvantee ~ The Worthy And Virtuous Bride:	
32725	763	ਜੋ ਦੀਸੈ ਗੁਰਸਿਖੜਾ ਤਿਸੁ ਨਿਵਿ ਨਿਵਿ ਲਾਗਉ ਪਾਇ ਜੀਉ॥	ਗੁਰਸਿੱਖੜਾ	Jo Dheesai Gurasikharraa This Niv Niv Laago Paae Jeeo ||	When I see a Sikh of the Guru, I humbly bow and fall at his feet.	ਮੈਨੂੰ ਜੇਹੜਾ ਭੀ ਕੋਈ ਗੁਰੂ ਦਾ ਪਿਆਰਾ ਸਿੱਖ ਮਿਲ ਪੈਂਦਾ ਹੈ, ਮੈਂ ਨੀਉਂ ਨੀਉਂ ਕੇ (ਭਾਵ, ਨਿਮ੍ਰਤਾ-ਅਧੀਨਗੀ ਨਾਲ) ਉਸ ਦੀ ਪੈਰੀਂ ਲੱਗਦਾ ਹਾਂ,
32726	763	ਆਖਾ ਬਿਰਥਾ ਜੀਅ ਕੀ ਗੁਰੁ ਸਜਣੁ ਦੇਹਿ ਮਿਲਾਇ ਜੀਉ॥		Aakhaa Birathhaa Jeea Kee Gur Sajan Dhaehi Milaae Jeeo ||	I tell to him the pain of my soul, and beg him to unite me with the Guru, my Best Friend.	ਤੇ ਉਸ ਨੂੰ ਆਪਣੇ ਦਿਲ ਦੀ ਪੀੜਾ (ਤਾਂਘ) ਦੱਸਦਾ ਹਾਂ (ਤੇ ਬੇਨਤੀ ਕਰਦਾ ਹਾਂ-ਹੇ ਗੁਰਸਿੱਖ!) ਮੈਨੂੰ ਸੱਜਣ-ਗੁਰੂ ਮਿਲਾ ਦੇ।

32727	763	ਸੋਈ ਦਸਿ ਉਪਦੇਸੜਾ ਮੇਰਾ ਮਨੁ ਅਨਤ ਨ ਕਾਹੂ ਜਾਇ ਜੀਉ॥	ਦੱਸਿ	Soee Dhas Oupadhaesarraa Maeraa Man Anath N Kaahoo Jaae Jeeo ||	I ask that he impart to me such an understanding, that my mind will not go out wandering anywhere else.	ਮੈਨੂੰ ਕੋਈ ਅਜੇਹਾ ਸੋਹਣਾ ਉਪਦੇਸ਼ ਦੱਸ (ਜਿਸ ਦੀ ਬਰਕਤਿ ਨਾਲ) ਮੇਰਾ ਮਨ ਕਿਸੇ ਹੋਰ ਪਾਸੇ ਵਲ ਨਾਹ ਜਾਏ।
32728	763	ਇਹੁ ਮਨੁ ਤੈਕੂੰ ਡੇਵਸਾ ਮੈ ਮਾਰਗੁ ਦੇਹੁ ਬਤਾਇ ਜੀਉ॥	ਡੇਵ-ਸਾਂ ਦੇ ਦੇਵਾਂ। ਤੈ-ਕੂੰ।	Eihu Man Thai Koon Ddaevasaa Mai Maarag Dhaehu Bathaae Jeeo ||	I dedicate this mind to you. Please, show me the Path to God.	ਮੈਂ ਆਪਣਾ ਇਹ ਮਨ ਤੇਰੇ ਹਵਾਲੇ ਕਰ ਦਿਆਂਗਾ, ਮੈਨੂੰ ਰਸਤਾ ਦੱਸ (ਜਿਸ ਰਾਹੇ ਪੈ ਕੇ ਪ੍ਰਭੂ ਦਾ ਦਰਸਨ ਕਰ ਸਕਾਂ)।
32729	763	ਹਉ ਆਇਆ ਦੂਰਹੁ ਚਲਿ ਕੈ ਮੈ ਤਕੀ ਤਉ ਸਰਣਾਇ ਜੀਉ॥	ਤੱਕੀ	Ho Aaeiaa Dhoorahu Chal Kai Mai Thakee Tho Saranaae Jeeo ||	I have come so far, seeking the Protection of Your Sanctuary.	ਮੈਂ (ਚੌਰਾਸੀ ਲੱਖ ਦੇ) ਦੂਰ ਦੇ ਪੈਂਡੇ ਤੋਂ ਤੁਰ ਕੇ ਆਇਆ ਹਾਂ, ਹੁਣ ਮੈਂ ਤੇਰਾ ਆਸਰਾ ਤੱਕਿਆ ਹੈ।
32730	763	ਮੈ ਆਸਾ ਰਖੀ ਚਿਤਿ ਮਹਿ ਮੇਰਾ ਸਭੋ ਦੁਖੁ ਗਵਾਇ ਜੀਉ॥		Mai Aasaa Rakhee Chith Mehi Maeraa Sabho Dhukh Gavaae Jeeo ||	Within my mind, I place my hopes in You; please, take my pain and suffering away!	ਮੈਂ ਆਪਣੇ ਚਿੱਤ ਵਿਚ ਇਹ ਆਸ ਰੱਖੀ ਹੋਈ ਹੈ ਕਿ ਤੂੰ ਮੇਰਾ ਸਾਰਾ ਦੁੱਖ ਦੂਰ ਕਰ ਦੇਵੇਂਗਾ।

32731	763	ਇਤੁ ਮਾਰਗਿ ਚਲੇ ਭਾਈਅੜੇ ਗੁਰੁ ਕਹੈ ਸੁ ਕਾਰ ਕਮਾਇ ਜੀਉ॥		Eith Maarag Chalae Bhaaeearrae Gur Kehai S Kaar Kamaae Jeeo ||	So walk on this Path, O sister soul-brides; do that work which the Guru tells you to do.	(ਅੱਗੋਂ ਉੱਤਰ ਮਿਲਦਾ ਹੈ-) ਇਸ ਰਸਤੇ ਉਤੇ ਜੇਹੜੇ ਗੁਰ-ਭਾਈ ਤੁਰਦੇ ਹਨ (ਉਹ ਗੁਰੂ ਦੀ ਦੱਸੀ ਕਾਰ ਕਰਦੇ ਹਨ) ਤੂੰ ਭੀ ਉਹੀ ਕਾਰ ਕਰ ਜੋ ਗੁਰੂ ਦੱਸਦਾ ਹੈ।
32732	763	ਤਿਆਗੋਂ ਮਨ ਕੀ ਮਤੜੀ ਵਿਸਾਰੇਂ ਦੂਜਾ ਭਾਉ ਜੀਉ॥		Thiaagaen Man Kee Matharree Visaaraen Dhoojaa Bhaao Jeeo ||	Abandon the intellectual pursuits of the mind, and forget the love of duality.	ਜੇ ਤੂੰ ਆਪਣੇ ਮਨ ਦੀ ਕੋਝੀ ਮਤਿ ਛੱਡ ਦੇਵੇਂ, ਜੇ ਤੂੰ ਪ੍ਰਭੂ ਤੋਂ ਬਿਨਾ ਹੋਰ (ਮਾਇਆ ਆਦਿਕ) ਦਾ ਪਿਆਰ ਭੁਲਾ ਦੇਵੇਂ,
32733	763	ਇਉ ਪਾਵਹਿ ਹਰਿ ਦਰਸਾਵੜਾ ਨਹ ਲਗੈ ਤਤੀ ਵਾਉ ਜੀਉ॥		Eio Paavehi Har Dharasaavarraa Neh Lagai Thathee Vaao Jeeo ||	In this way, you shall obtain the Blessed Vision of the Lord's Darshan; the hot winds shall not even touch you.	ਤਾਂ ਇਸ ਤਰ੍ਹਾਂ ਤੂੰ ਪ੍ਰਭੂ ਦਾ ਸੋਹਣਾ ਦਰਸਨ ਕਰ ਲਵੇਂਗਾ, ਤੈਨੂੰ ਕੋਈ ਦੁੱਖ-ਕਲੇਸ਼ ਨਹੀਂ ਵਿਆਪੇਗਾ।
32734	763	ਹਉ ਆਪਹੁ ਬੋਲਿ ਨ ਜਾਣਦਾ ਮੈ ਕਹਿਆ ਸਭੁ ਹੁਕਮਾਉ ਜੀਉ॥		Ho Aapahu Bol N Jaanadhaa Mai Kehiaa Sabh Hukamaao Jeeo ||	By myself, I do not even know how to speak; I speak all that the Lord commands.	ਮੈਂ ਜੋ ਕੁਝ ਤੈਨੂੰ ਦੱਸਿਆ ਹੈ ਗੁਰੂ ਦਾ ਹੁਕਮ ਹੀ ਦੱਸਿਆ ਹੈ, ਮੈਂ ਆਪਣੀ ਅਕਲ ਦਾ ਆਸਰਾ ਲੈ ਕੇ ਇਹ ਰਸਤਾ ਨਹੀਂ ਦੱਸ ਰਿਹਾ।

32735	763	ਹਰਿ ਭਗਤਿ ਖਜਾਨਾ ਬਖਸਿਆ ਗੁਰਿ ਨਾਨਕਿ ਕੀਆ ਪਸਾਉ ਜੀਉ॥		Har Bhagath Khajaanaa Bakhasiaa Gur Naanak Keeaa Pasaao Jeeo ||	I am blessed with the treasure of the Lord's devotional worship; Guru Nanak has been kind and compassionate to me.	ਜਿਸ (ਸੁਭਾਗ ਬੰਦੇ) ਉਤੇ ਨਾਨਕ ਨੇ ਕਿਰਪਾ ਕੀਤੀ ਹੈ, ਪਰਮਾਤਮਾ ਨੇ ਉਸ ਨੂੰ ਆਪਣੀ ਭਗਤੀ ਦਾ ਖ਼ਜ਼ਾਨਾ ਬਖ਼ਸ਼ ਦਿੱਤਾ ਹੈ।
32736	763	ਮੈ ਬਹੁੜਿ ਨ ਤ੍ਰਿਸਨਾ ਭੁਖੜੀ ਹਉ ਰਜਾ ਤ੍ਰਿਪਤਿ ਅਘਾਇ ਜੀਉ॥	ਭੁੱਖੜੀ ਰੱਜਾਂ	Mai Bahurr N Thrisanaa Bhukharree Ho Rajaa Thripath Aghaae Jeeo ||	I shall never again feel hunger or thirst; I am satisfied, satiated and fulfilled.	(ਗੁਰੂ ਨਾਨਕ ਦੀ ਮੇਹਰ ਦਾ ਸਦਕਾ ਮੈਂ ਪੂਰਨ ਤੌਰ ਤੇ ਰੱਜ ਗਿਆ ਹਾਂ, ਮੈਨੂੰ ਹੁਣ ਮਾਇਆ ਦੀ ਕੋਈ ਭੁੱਖ ਨਹੀਂ ਸਤਾਂਦੀ।
32737	763	ਜੋ ਗੁਰ ਦੀਸੈ ਸਿਖੜਾ ਤਿਸੁ ਨਿਵਿ ਨਿਵਿ ਲਾਗਉ ਪਾਇ ਜੀਉ॥੩॥	ਸਿੱਖੜਾ	Jo Gur Dheesai Sikharraa This Niv Niv Laago Paae Jeeo ||3||	When I see a Sikh of the Guru, I humbly bow and fall at his feet. ||3||	ਮੈਨੂੰ ਜੇਹੜਾ ਭੀ ਕੋਈ ਗੁਰੂ ਦਾ ਪਿਆਰਾ ਸਿੱਖ ਮਿਲ ਪੈਂਦਾ ਹੈ, ਮੈਂ ਨਿਮ੍ਰਤਾ-ਅਧੀਨਗੀ ਨਾਲ ਉਸ ਦੀ ਪੈਰੀਂ ਲੱਗਦਾ ਹਾਂ ॥੩॥
32738	763	ਰਾਗੁ ਸੂਹੀ ਛੰਤ ਮਹਲਾ ੧ ਘਰੁ ੧		Raag Soohee Shhanth Mehalaa 1 Ghar 1	Raag Soohee, Chhant, First Mehl, First House:	ਰਾਗ ਸੂਹੀ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਛੰਤ' (ਛੰਦ)।
32739	763	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

32740	763	ਭਰਿ ਜੋਬਨਿ ਮੈ ਮਤ ਪੇਈਅੜੈ ਘਰਿ ਪਾਹੁਣੀ ਬਲਿ ਰਾਮ ਜੀਉ॥	ਮੈ:ਬਿੰਦੀ ਨ ਲਾ।ਮੱਤ	Bhar Joban Mai Math Paeeearrai Ghar Paahunee Bal Raam Jeeo ||	Intoxicated with the wine of youth, I did not realize that I was only a guest at my parents' home (in this world.	ਹੇ ਪ੍ਰਭੂ ਜੀ! ਮੈਂ ਤੈਥੋਂ ਸਦਕੇ ਹਾਂ (ਤੂੰ ਕੈਸੀ ਅਚਰਜ ਲੀਲਾ ਰਚਾਈ ਹੈ!) ਜੀਵ-ਇਸਤ੍ਰੀ (ਤੇਰੀ ਰਚੀ ਮਾਇਆ ਦੇ ਪ੍ਰਭਾਵ ਹੇਠ) ਜਵਾਨੀ ਦੇ ਸਮੇ ਇਉਂ ਮਸਤ ਹੈ ਜਿਵੇਂ ਸ਼ਰਾਬ ਪੀ ਕੇ ਮਦ ਹੋਸ਼ ਹੈ, (ਇਹ ਭੀ ਨਹੀਂ ਸਮਝਦੀ ਕਿ) ਇਸ ਪੇਕੇ-ਘਰ ਵਿਚ (ਇਸ ਜਗਤ ਵਿਚ) ਉਹ ਇਕ ਪ੍ਰਾਹੁਣੀ ਹੀ ਹੈ।
32741	763	ਮੈਲੀ ਅਵਗਣਿ ਚਿਤਿ ਬਿਨੁ ਗੁਰ ਗੁਣ ਨ ਸਮਾਵਨੀ ਬਲਿ ਰਾਮ ਜੀਉ॥		Mailee Avagan Chith Bin Gur Gun N Samaavanee Bal Raam Jeeo ||	My consciousness is polluted with faults and mistakes; without the Guru, virtue does not even enter into me.	ਵਿਕਾਰਾਂ ਦੀ ਕਮਾਈ ਨਾਲ ਚਿੱਤ ਵਿਚ ਉਹ ਮੈਲੀ ਰਹਿੰਦੀ ਹੈ (ਗੁਰੂ ਦੀ ਸਰਨ ਨਹੀਂ ਆਉਂਦੀ, ਤੇ) ਗੁਰੂ (ਦੀ ਸਰਨ ਪੈਣ) ਤੋਂ ਬਿਨਾ (ਹਿਰਦੇ ਵਿਚ) ਗੁਣ ਟਿਕ ਨਹੀਂ ਸਕਦੇ।
32742	763	ਗੁਣ ਸਾਰ ਨ ਜਾਣੀ ਭਰਮਿ ਭੁਲਾਣੀ ਜੋਬਨੁ ਬਾਦਿ ਗਵਾਇਆ॥		Gun Saar N Jaanee Bharam Bhulaanee Joban Baadh Gavaaeiaa ||	I have not known the value of virtue; I have been deluded by doubt. I have wasted away my youth in vain.	(ਮਾਇਆ ਦੀ) ਭਟਕਣਾ ਵਿਚ ਪੈ ਕੇ ਜੀਵ-ਇਸਤ੍ਰੀ ਨੇ (ਪ੍ਰਭੂ ਦੇ) ਗੁਣਾਂ ਦੀ ਕੀਮਤ ਨਾਹ ਸਮਝੀ, ਕੁਰਾਹੇ ਪਈ ਰਹੀ, ਤੇ ਜਵਾਨੀ ਦਾ ਸਮਾ ਵਿਅਰਥ ਗਵਾ ਲਿਆ।

32743	763	ਵਰੁ ਘਰੁ ਦਰੁ ਦਰਸਨੁ ਨਹੀ ਜਾਤਾ ਪਿਰ ਕਾ ਸਹਜੁ ਨ ਭਾਇਆ॥		Var Ghar Dhar Dharasan Nehee Jaathaa Pir Kaa Sehaj N Bhaaeiaa ||	I have not known my Husband Lord, His celestial home and gate, or the Blessed Vision of His Darshan. I have not had the pleasure of my Husband Lord's celestial peace.	ਨਾਹ ਉਸ ਨੇ ਖਸਮ-ਪ੍ਰਭੂ ਨਾਲ ਸਾਂਝ ਪਾਈ, ਨਾਹ ਉਸ ਦੇ ਦਰ ਨਾਹ ਉਸ ਦੇ ਘਰ ਤੇ ਨਾਹ ਹੀ ਉਸ ਦੇ ਦਰਸਨ ਦੀ ਕਦਰ ਪਛਾਣੀ। (ਭਟਕਣਾ ਵਿਚ ਹੀ ਰਹਿ ਕੇ) ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਦਾ ਸੁਭਾਉ ਭੀ ਪਸੰਦ ਨਾਹ ਆਇਆ।
32744	763	ਸਤਿਗੁਰ ਪੂਛਿ ਨ ਮਾਰਗਿ ਚਾਲੀ ਸੂਤੀ ਰੈਣਿ ਵਿਹਾਣੀ॥		Sathigur Pooshh N Maarag Chaalee Soothee Rain Vihaanee ||	After consulting the True Guru, I have not walked on the Path; the night of my life is passing away in sleep.	ਮਾਇਆ ਦੇ ਮੋਹ ਵਿਚ ਸੁੱਤੀ ਹੋਈ ਜੀਵ-ਇਸਤ੍ਰੀ ਦੀ ਜ਼ਿੰਦਗੀ ਦੀ ਸਾਰੀ ਰਾਤ ਬੀਤ ਗਈ, ਸਤਿਗੁਰੂ ਦੀ ਸਿੱਖਿਆ ਲੈ ਕੇ ਜੀਵਨ ਦੇ ਠੀਕ ਰਸਤੇ ਉਤੇ ਕਦੇ ਭੀ ਨਾਹ ਤੁਰੀ।
32745	763	ਨਾਨਕ ਬਾਲਤਣਿ ਰਾਡੇਪਾ ਬਿਨੁ ਪਿਰ ਧਨ ਕੁਮਲਾਣੀ॥੧॥	(ਬਾਲੱਤਣਿ)ਬਾਲਪੁਣੇ ਤੋਂ	Naanak Baalathan Raaddaepaa Bin Pir Dhhan Kumalaanee ||1||	O Nanak, in the prime of my youth, I am a widow; without my Husband Lord, the soul-bride is wasting away. ||1||	ਹੇ ਨਾਨਕ! ਅਜੇਹੀ ਜੀਵ-ਇਸਤ੍ਰੀ ਨੇ ਤਾਂ ਬਾਲ-ਉਮਰੇ ਹੀ ਰੰਡੇਪਾ ਸਹੇੜ ਲਿਆ, ਤੇ ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ ਉਸ ਦਾ ਹਿਰਦਾ-ਕਮਲ ਕੁਮਲਾਇਆ ਹੀ ਰਿਹਾ ॥੧॥
32746	763	ਬਾਬਾ ਮੈ ਵਰੁ ਦੇਹਿ ਮੈ ਹਰਿ ਵਰੁ ਭਾਵੈ ਤਿਸ ਕੀ ਬਲਿ ਰਾਮ ਜੀਉ॥	ਤਿਸ ਹਰੀ ਪਤੀ ਜੀ ਦੀ ਹਾਂ	Baabaa Mai Var Dhaehi Mai Har Var Bhaavai This Kee Bal Raam Jeeo ||	O father, give me in marriage to the Lord; I am pleased with Him as my Husband. I belong to Him.	ਹੇ ਪਿਆਰੇ ਸਤਿਗੁਰੂ! ਮੈਨੂੰ ਖਸਮ-ਪ੍ਰਭੂ ਮਿਲਾ। (ਮੇਹਰ ਕਰ) ਮੈਨੂੰ ਉਹ ਪ੍ਰਭੂ-ਪਤੀ ਪਿਆਰਾ ਲੱਗੇ, ਮੈਂ ਉਸ ਤੋਂ ਸਦਕੇ ਜਾਵਾਂ,

32747	763	ਰਵਿ ਰਹਿਆ ਜੁਗ ਚਾਰਿ ਤ੍ਰਿਭਵਣ ਬਾਣੀ ਜਿਸ ਕੀ ਬਲਿ ਰਾਮ ਜੀਉ॥		Rav Rehiaa Jug Chaar Thribhavan Baanee Jis Kee Bal Raam Jeeo ||	He is pervading throughout the four ages, and the Word of His Bani permeates the three worlds.	ਜੋ ਸਦਾ ਹੀ ਹਰ ਥਾਂ ਵਿਆਪਕ ਹੈ, ਤਿੰਨਾਂ ਹੀ ਭਵਨਾਂ ਵਿਚ ਜਿਸ ਦਾ ਹੁਕਮ ਚੱਲ ਰਿਹਾ ਹੈ।
32748	763	ਤ੍ਰਿਭਵਣ ਕੰਤੁ ਰਵੈ ਸੋਹਾਗਣਿ ਅਵਗਣਵੰਤੀ ਦੂਰੇ॥	ਅਵਗਣ-ਵੰਤੀ	Thribhavan Kanth Ravai Sohaagan Avaganavanthee Dhoorae ||	The Husband Lord of the three worlds ravishes and enjoys His virtuous brides, but He keeps the ungraceful and unvirtuous ones far away.	ਤਿੰਨਾਂ ਭਵਨਾਂ ਦਾ ਮਾਲਕ ਪ੍ਰਭੂ ਭਾਗਾਂ ਵਾਲੀ ਜੀਵ-ਇਸਤ੍ਰੀ ਨਾਲ ਪਿਆਰ ਕਰਦਾ ਹੈ, ਪਰ ਜਿਸ ਨੇ ਔਗੁਣ ਹੀ ਔਗੁਣ ਸਹੇੜੇ ਉਹ ਉਸ ਦੇ ਚਰਨਾਂ ਤੋਂ ਵਿਛੁੜੀ ਰਹਿੰਦੀ ਹੈ।
32749	763	ਜੈਸੀ ਆਸਾ ਤੈਸੀ ਮਨਸਾ ਪੂਰਿ ਰਹਿਆ ਭਰਪੂਰੇ॥		Jaisee Aasaa Thaisee Manasaa Poor Rehiaa Bharapoorae ||	As are our hopes, so are our minds' desires, which the All-pervading Lord brings to fulfillment.	ਉਹ ਮਾਲਕ ਹਰੇਕ ਦੇ ਹਿਰਦੇ ਵਿਚ ਵਿਆਪਕ ਹੈ (ਉਹ ਹਰੇਕ ਦੇ ਦਿਲ ਦੀ ਜਾਣਦਾ ਹੈ) ਜਿਹੋ ਜਿਹੀ ਆਸ ਧਾਰ ਕੇ ਕੋਈ ਉਸ ਦੇ ਦਰ ਤੇ ਆਉਂਦੀ ਹੈ ਉਹੋ ਜਿਹੀ ਇੱਛਾ ਉਹ ਪੂਰੀ ਕਰ ਦੇਂਦਾ ਹੈ।

32750	763	ਹਰਿ ਕੀ ਨਾਰਿ ਸੁ ਸਰਬ ਸੁਹਾਗਣਿ ਰਾਂਡ ਨ ਮੈਲੈ ਵੇਸੇ॥	(ਨਾਰਿ)ਭਗਤ। (ਰਾਂਡ)ਨਾਸਤ ਕ ਨਹੀਂ ਹੁੰਦੇ। (ਵੇਸੇ)ਅੰਦਰੋਂ ਬਾਹਰੋਂ ਵੇਸ, ਪਾਪਾਂ ਔਗੁਣਾਂ ਕਰਕੇ ਮੈਲ਼ਾ ਨਹੀ ਹੁੰਦਾ	Har Kee Naar S Sarab Suhaagan Raandd N Mailai Vaesae ||	The bride of the Lord is forever happy and virtuous; she shall never be a widow, and she shall never have to wear dirty clothes.	ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਦੀ ਬਣੀ ਰਹਿੰਦੀ ਹੈ ਉਹ ਸਦਾ ਸੁਹਾਗ-ਭਾਗ ਵਾਲੀ ਹੈ, ਉਹ ਕਦੇ ਰੰਡੀ ਨਹੀਂ ਹੁੰਦੀ, ਉਸ ਦਾ ਵੇਸ ਕਦੇ ਮੈਲਾ ਨਹੀਂ ਹੁੰਦਾ (ਉਸ ਦਾ ਹਿਰਦਾ ਕਦੇ ਵਿਕਾਰਾਂ ਨਾਲ ਮੈਲਾ ਨਹੀਂ ਹੁੰਦਾ)।
32751	763	ਨਾਨਕ ਮੈ ਵਰੁ ਸਾਚਾ ਭਾਵੈ ਜੁਗਿ ਜੁਗਿ ਪ੍ਰੀਤਮ ਤੈਸੇ॥੨॥		Naanak Mai Var Saachaa Bhaavai Jug Jug Preetham Thaisae ||2||	O Nanak, I love my True Husband Lord; my Beloved is the same, age after age. ||2||	ਹੇ ਨਾਨਕ! (ਅਰਦਾਸ ਕਰ ਤੇ ਆਖ-ਹੇ ਸਤਿਗੁਰੂ! ਤੇਰੀ ਮੇਹਰ ਹੋਵੇ ਤਾਂ) ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ-ਪਤੀ ਮੈਨੂੰ (ਸਦਾ) ਪਿਆਰਾ ਲੱਗਦਾ ਰਹੇ ਜੇਹੜਾ ਪ੍ਰੀਤਮ ਹਰੇਕ ਜੁਗ ਵਿਚ ਇਕ-ਸਮਾਨ ਰਹਿਣ ਵਾਲਾ ਹੈ ॥੨॥
32752	763	ਬਾਬਾ ਲਗਨੁ ਗਣਾਇ ਹੰ ਭੀ ਵੰਞਾ ਸਾਹੁਰੈ ਬਲਿ ਰਾਮ ਜੀਉ॥	ਗੁਰਬਾਣੀ ਅਰਥ ਵੀਚਾਰਨ ਰੂਪੀ ਜੋਤਸ਼ ਦਾ(ਲਗਨੁ)। ਗੁਰਬਾਣੀ ਅਰਥ (ਗਣਾਇ)ਵਿਚਰਵਾ ਕੇ। (ਵੰਞਾ)ਜਾਵਾਂ। ਸਰੂਪ ਰੂਪੀ (ਸਾਹੁਰੈ)ਸਹੁਰਾ ਘਰ। ਲਗਨੁ:ਪੋਲਾ ਬੋਲੋ	Baabaa Lagan Ganaae Han Bhee Vannjaa Saahurai Bal Raam Jeeo ||	O Baba, calculate that auspicious moment, when I too shall be going to my in-laws' house.	ਹੇ ਸਤਿਗੁਰੂ! (ਉਹ) ਮੁਹੂਰਤ ਕਢਾ (ਉਹ ਅਵਸਰ ਪੈਦਾ ਕਰ, ਜਿਸ ਦੀ ਬਰਕਤਿ ਨਾਲ) ਮੈਂ ਭੀ ਪ੍ਰਭੂ-ਪਤੀ ਦੇ ਚਰਨਾਂ ਵਿਚ ਜੁੜ ਸਕਾਂ।

32753	763	ਸਾਹਾ ਹੁਕਮੁ ਰਜਾਇ ਸੋ ਨ ਟਲੈ ਜੋ ਪ੍ਰਭੁ ਕਰੈ ਬਲਿ ਰਾਮ ਜੀਉ॥		Saahaa Hukam Rajaae So N Ttalai Jo Prabh Karai Bal Raam Jeeo ||	The moment of that marriage will be set by the Hukam of God's Command; His Will cannot be changed.	(ਹੇ ਗੁਰੂ! ਤੇਰੀ ਕਿਰਪਾ ਨਾਲ) ਰਜ਼ਾ ਦੇ ਮਾਲਕ ਪ੍ਰਭੂ ਜੋ ਹੁਕਮ ਕਰਦਾ ਹੈ ਉਹ ਮੇਲ ਦਾ ਅਵਸਰ ਬਣ ਜਾਂਦਾ ਹੈ, ਉਸ ਨੂੰ ਕੋਈ ਅਗਾਂਹ ਪਿਛਾਂਹ ਨਹੀਂ ਕਰ ਸਕਦਾ (ਉਸ ਵਿਚ ਕੋਈ ਵਿਘਨ ਨਹੀਂ ਪਾ ਸਕਦਾ)।
32754	763	ਕਿਰਤੁ ਪਇਆ ਕਰਤੈ ਕਰਿ ਪਾਇਆ ਮੇਟਿ ਨ ਸਕੈ ਕੋਈ॥		Kirath Paeiaa Karathai Kar Paaeiaa Maett N Sakai Koee ||	The karmic record of past deeds, written by the Creator Lord, cannot be erased by anyone.	ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਕਰਤਾਰ ਨੇ (ਉਹਨਾਂ ਦੇ ਮਿਲਾਪ ਜਾਂ ਵਿਛੋੜੇ ਦਾ) ਜੋ ਭੀ ਹੁਕਮ ਦਿੱਤਾ ਹੈ ਉਸ ਨੂੰ ਕੋਈ ਉਲੰਘ ਨਹੀਂ ਸਕਦਾ।
32755	763	ਜਾਵੀ ਨਾਉ ਨਰਹ ਨਿਹਕੇਵਲੁ ਰਵਿ ਰਹਿਆ ਤਿਹੁ ਲੋਈ॥		Jaanjee Naao Nareh Nihakaeval Rav Rehiaa Thihu Loee ||	The most respected member of the marriage party, my Husband, is the independent Lord of all beings, pervading and permeating the three worlds.	(ਗੁਰੂ ਵਿਚੋਲੇ ਦੀ ਕਿਰਪਾ ਨਾਲ) ਉਹ ਪਰਮਾਤਮਾ ਜੋ ਤਿੰਨਾਂ ਲੋਕਾਂ ਵਿਚ ਵਿਆਪਕ ਹੈ ਤੇ (ਫਿਰ ਭੀ ਆਪਣੇ ਪੈਦਾ ਕੀਤੇ) ਬੰਦਿਆਂ ਤੋਂ ਸੁਤੰਤਰ ਹੈ (ਜੀਵ-ਇਸਤ੍ਰੀ ਨੂੰ ਆਪਣੇ ਚਰਨਾਂ ਵਿਚ ਜੋੜਨ ਲਈ) ਲਾੜਾ ਬਣ ਕੇ ਆਉਂਦਾ ਹੈ।

32756	763	ਮਾਇ ਨਿਰਾਸੀ ਰੋਇ ਵਿਛੁੰਨੀ ਬਾਲੀ ਬਾਲੈ ਹੇਤੇ॥		Maae Niraasee Roe Vishhunnee Baalee Baalai Haethae ||	Maya, crying out in pain, leaves, seeing that the bride and the groom are in love.	(ਜਿਵੇਂ ਧੀ ਨੂੰ ਤੋਰਨ ਲੱਗੀ ਮਾਂ ਮੁੜ ਮਿਲਣ ਦੀਆਂ ਆਸਾਂ ਲਾਹ ਕੇ ਰੋ ਕੇ ਵਿਛੁੜਦੀ ਹੈ, ਤਿਵੇਂ) ਮਾਇਆ ਜੀਵ-ਇਸਤ੍ਰੀ ਦੇ ਪ੍ਰਭੂ-ਪਤੀ ਨਾਲ ਪ੍ਰੇਮ ਦੇ ਕਾਰਨ ਜੀਵ-ਇਸਤ੍ਰੀ ਨੂੰ ਆਪਣੇ ਕਾਬੂ ਵਿਚ ਰੱਖ ਸਕਣ ਦੀਆਂ ਆਸਾਂ ਲਾਹ ਕੇ (ਮਾਨੋ) ਰੋ ਕੇ ਵਿਛੁੜਦੀ ਹੈ।
32757	763	ਨਾਨਕ ਸਾਚ ਸਬਦਿ ਸੁਖ ਮਹਲੀ ਗੁਰ ਚਰਣੀ ਪ੍ਰਭੁ ਚੇਤੇ॥੩॥		Naanak Saach Sabadh Sukh Mehalee Gur Charanee Prabh Chaethae ||3||	O Nanak, the peace of the Mansion of God's Presence comes through the True Word of the Shabad; the bride keeps the Guru's Feet enshrined in her mind. ||3||	ਹੇ ਨਾਨਕ! ਜੀਵ-ਇਸਤ੍ਰੀ ਗੁਰੂ ਦੇ ਚਰਨਾਂ ਦੀ ਬਰਕਤਿ ਨਾਲ ਪ੍ਰਭੂ-ਪਤੀ ਨੂੰ ਹਿਰਦੇ ਵਿਚ ਵਸਾਂਦੀ ਹੈ, ਤੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੇ ਸ਼ਬਦ ਦੀ ਰਾਹੀਂ ਪ੍ਰਭੂ ਦੀ ਹਜ਼ੂਰੀ ਵਿਚ ਆਨੰਦ ਮਾਣਦੀ ਹੈ ॥੩॥
32758	764	ਬਾਬੁਲਿ ਦਿਤੜੀ ਦੂਰਿ ਨਾ ਆਵੈ ਘਰਿ ਪੇਈਐ ਬਲਿ ਰਾਮ ਜੀਉ॥	ਦਿੱਤੜੀ	Baabul Dhitharree Dhoor Naa Aavai Ghar Paeeeai Bal Raam Jeeo ||	My father has given me in marriage far away, and I shall not return to my parents' home.	ਸਤਿਗੁਰੂ ਨੇ (ਮੇਹਰ ਕਰ ਕੇ ਜੀਵ-ਇਸਤ੍ਰੀ ਮਾਇਆ ਦੇ ਪ੍ਰਭਾਵ ਤੋਂ ਇਤਨੀ) ਦੂਰ ਅਪੜਾ ਦਿੱਤੀ ਕਿ ਉਹ ਮੁੜ ਜਨਮ ਮਰਨ ਦੇ ਗੇੜ ਵਿਚ ਨਹੀਂ ਆਉਂਦੀ।

32759	764	ਰਹਸੀ ਵੇਖਿ ਹਦੂਰਿ ਪਿਰਿ ਰਾਵੀ ਘਰਿ ਸੋਹੀਐ ਬਲਿ ਰਾਮ ਜੀਉ॥		Rehasee Vaekh Hadhoor Pir Raavee Ghar Soheeai Bal Raam Jeeo ||	I am delighted to see my Husband Lord near at hand; in His Home, I am so beautiful.	ਪ੍ਰਭੂ-ਪਤੀ ਦਾ ਪ੍ਰਤੱਖ ਦੀਦਾਰ ਕਰ ਕੇ ਉਹ ਪ੍ਰਸੰਨ-ਚਿੱਤ ਹੁੰਦੀ ਹੈ। ਪ੍ਰਭੂ-ਪਤੀ ਨੇ (ਜਦੋਂ) ਉਸ ਨਾਲ ਪਿਆਰ ਕੀਤਾ, ਤਾਂ ਉਸ ਦੇ ਚਰਨਾਂ ਵਿਚ ਜੁੜ ਕੇ ਉਹ ਆਪਣਾ ਆਤਮਕ ਜੀਵਨ ਸੰਵਾਰਦੀ ਹੈ।
32760	764	ਸਾਚੇ ਪਿਰ ਲੋੜੀ ਪ੍ਰੀਤਮ ਜੋੜੀ ਮਤਿ ਪੂਰੀ ਪਰਧਾਨੇ॥		Saachae Pir Lorree Preetham Jorree Math Pooree Paradhhaanae ||	My True Beloved Husband Lord desires me; He has joined me to Himself, and made my intellect pure and sublime.	ਸਦਾ-ਥਿਰ ਪ੍ਰੀਤਮ ਪ੍ਰਭੂ ਨੂੰ ਉਸ ਜੀਵ-ਇਸਤ੍ਰੀ ਦੀ ਲੋੜ ਪਈ (ਭਾਵ, ਜੀਵ-ਇਸਤ੍ਰੀ ਉਸ ਦੇ ਲੇਖੇ ਵਿਚ ਆ ਗਈ) ਉਸ ਨੇ ਉਸ ਨੂੰ ਆਪਣੇ ਨਾਲ ਮਿਲਾ ਲਿਆ। (ਇਸ ਮਿਲਾਪ ਦੀ ਬਰਕਤਿ ਨਾਲ) ਉਸ ਦੀ ਮਤਿ ਉਕਾਈ-ਹੀਣ ਹੋ ਗਈ, ਉਹ ਮੰਨੀ-ਪ੍ਰਮੰਨੀ ਗਈ।
32761	764	ਸੰਜੋਗੀ ਮੇਲਾ ਥਾਨਿ ਸੁਹੇਲਾ ਗੁਣਵੰਤੀ ਗੁਰ ਗਿਆਨੇ॥		Sanjogee Maelaa Thhaan Suhaelaa Gunavanthee Gur Giaanae ||	By good destiny I met Him, and was given a place of rest; through the Guru's Wisdom, I have become virtuous.	ਚੰਗੇ ਭਾਗਾਂ ਨਾਲ ਉਸ ਦਾ ਮਿਲਾਪ ਹੋ ਗਿਆ, ਪ੍ਰਭੂ-ਚਰਨਾਂ ਵਿਚ ਉਸ ਦਾ ਜੀਵਨ ਸੁਖੀ ਹੋ ਗਿਆ, ਉਹ ਗੁਣਾਂ ਵਾਲੀ ਹੋ ਗਈ, ਗੁਰੂ ਦੇ ਦਿੱਤੇ ਗਿਆਨ ਵਾਲੀ ਹੋ ਗਈ।
32762	764	ਸਤੁ ਸੰਤੋਖੁ ਸਦਾ ਸਚੁ ਪਲੈ ਸਚੁ ਬੋਲੈ ਪਿਰ ਭਾਏ॥		Sath Santhokh Sadhaa Sach Palai Sach Bolai Pir Bhaaeae ||	I gather lasting Truth and contentment in my lap, and my Beloved is pleased with my truthful speech.	ਸਤ ਸੰਤੋਖ ਤੇ ਸਦਾ-ਥਿਰ ਯਾਦ ਉਸ ਦੇ ਹਿਰਦੇ ਵਿਚ ਟਿਕ ਜਾਂਦੀ ਹੈ, ਉਹ ਸਦਾ-ਥਿਰ ਪ੍ਰਭੂ ਨੂੰ ਸਦਾ ਸਿਮਰਦੀ ਹੈ, ਉਹ ਪ੍ਰਭੂ-ਪਤੀ ਨੂੰ ਪਿਆਰੀ ਲੱਗਣ ਲੱਗ ਪੈਂਦੀ ਹੈ।

32763	764	ਨਾਨਕ ਵਿਛੁੜਿ ਨਾ ਦੁਖੁ ਪਾਏ ਗੁਰਮਤਿ ਅੰਕਿ ਸਮਾਏ॥੪॥੧॥		Naanak Vishhurr Naa Dhukh Paaeae Guramath Ank Samaaeae ||4||1||	O Nanak, I shall not suffer the pain of separation; through the Guru's Teachings, I merge into the loving embrace of the Lord's Being. ||4||1||	ਹੇ ਨਾਨਕ! ਜੀਵ-ਇਸਤ੍ਰੀ (ਪ੍ਰਭੂ-ਚਰਨਾਂ ਤੋਂ) ਵਿਛੁੜ ਕੇ ਦੁੱਖ ਨਹੀਂ ਪਾਂਦੀ, ਗੁਰੂ ਦੀ ਸਿੱਖਿਆ ਦੀ ਬਰਕਤਿ ਨਾਲ ਉਹ ਪ੍ਰਭੂ ਦੀ ਗੋਦ ਵਿਚ ਹੀ ਲੀਨ ਹੋ ਜਾਂਦੀ ਹੈ ॥੪॥੧॥
32764	764	ਰਾਗੁ ਸੂਹੀ ਮਹਲਾ ੧ ਛੰਤ ਘਰੁ ੨		Raag Soohee Mehalaa 1 Shhanth Ghar 2	Raag Soohee, First Mehl, Chhant, Second House:	ਰਾਗ ਸੂਹੀ, ਘਰ ੨ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਛੰਤ' (ਛੰਦ)।
32765	764	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32766	764	ਹਮ ਘਰਿ ਸਾਜਨ ਆਏ॥		Ham Ghar Saajan Aaeae ||	My friends have come into my home.	ਮੇਰੇ ਹਿਰਦੇ-ਘਰ ਵਿਚ ਮਿੱਤਰ-ਪ੍ਰਭੂ ਜੀ ਆ ਪ੍ਰਗਟੇ ਹਨ।
32767	764	ਸਾਚੈ ਮੇਲਿ ਮਿਲਾਏ॥		Saachai Mael Milaaeae ||	The True Lord has united me with them.	ਸਦਾ-ਥਿਰ ਪ੍ਰਭੂ ਨੇ ਮੈਨੂੰ ਆਪਣੇ ਚਰਨਾਂ ਵਿਚ ਜੋੜ ਲਿਆ ਹੈ।

32768	764	ਸਹਜਿ ਮਿਲਾਏ ਹਰਿ ਮਨਿ ਭਾਏ ਪੰਚ ਮਿਲੇ ਸੁਖੁ ਪਾਇਆ॥		Sehaj Milaaeae Har Man Bhaaeae Panch Milae Sukh Paaeiaa ||	The Lord automatically united me with them when it pleased Him; uniting with the chosen ones, I have found peace.	ਪ੍ਰਭੂ ਜੀ ਨੇ ਮੈਨੂੰ ਆਤਮਕ ਅਡੋਲਤਾ ਵਿਚ ਟਿਕਾ ਦਿੱਤਾ ਹੈ, ਹੁਣ ਪ੍ਰਭੂ ਜੀ ਮੇਰੇ ਮਨ ਵਿਚ ਪਿਆਰੇ ਲੱਗ ਰਹੇ ਹਨ, ਮੇਰੇ ਪੰਜੇ ਗਿਆਨ-ਇੰਦ੍ਰੇ (ਆਪੋ ਆਪਣੇ ਵਿਸ਼ੇ ਵਲ ਦੌੜਨ ਦੇ ਥਾਂ ਪ੍ਰਭੂ-ਪਿਆਰ ਵਿਚ) ਇਕੱਠੇ ਹੋ ਬੈਠੇ ਹਨ, ਮੈਂ ਆਤਮਕ ਆਨੰਦ ਪ੍ਰਾਪਤ ਕਰ ਲਿਆ ਹੈ।
32769	764	ਸਾਈ ਵਸਤੁ ਪਰਾਪਤਿ ਹੋਈ ਜਿਸੁ ਸੇਤੀ ਮਨੁ ਲਾਇਆ॥		Saaee Vasath Paraapath Hoee Jis Saethee Man Laaeiaa ||	I have obtained that thing, which my mind desired.	ਜਿਸ ਨਾਮ-ਵਸਤੂ ਦੀ ਮੇਰੇ ਅੰਦਰ ਤਾਂਘ ਪੈਦਾ ਹੋ ਰਹੀ ਸੀ, ਉਹ ਹੁਣ ਮੈਨੂੰ ਮਿਲ ਗਈ ਹੈ।
32770	764	ਅਨ ਦਿਨੁ ਮੇਲੁ ਭਇਆ ਮਨੁ ਮਾਨਿਆ ਘਰ ਮੰਦਰ ਸੋਹਾਏ॥		Anadhin Mael Bhaeiaa Man Maaniaa Ghar Mandhar Sohaaeae ||	Meeting with them, night and day, my mind is pleased; my home and mansion are beautified.	ਹੁਣ ਹਰ ਵੇਲੇ ਪ੍ਰਭੂ ਦੇ ਨਾਮ ਨਾਲ ਮੇਰਾ ਮਿਲਾਪ ਬਣਿਆ ਰਹਿੰਦਾ ਹੈ, ਮੇਰਾ ਮਨ (ਉਸ ਨਾਮ ਨਾਲ) ਗਿੱਝ ਗਿਆ ਹੈ, ਮੇਰਾ ਹਿਰਦਾ ਤੇ ਗਿਆਨ-ਇੰਦ੍ਰੇ ਸੁਹਾਵਣੇ ਹੋ ਗਏ ਹਨ।

32771	764	ਪੰਚ ਸਬਦ ਧੁਨਿ ਅਨਹਦ ਵਾਜੇ ਹਮ ਘਰਿ ਸਾਜਨ ਆਏ॥੧॥		Panch Sabadh Dhhun Anehadh Vaajae Ham Ghar Saajan Aaeae ||1||	The unstruck sound current of the Panch Shabad, the Five Primal Sounds, vibrates and resounds; my friends have come into my home. ||1||	ਮੇਰੇ ਹਿਰਦੇ-ਘਰ ਵਿਚ ਸੱਜਣ-ਪ੍ਰਭੂ ਜੀ ਆ ਪ੍ਰਗਟੇ ਹਨ (ਹੁਣ ਮੇਰੇ ਅੰਦਰ ਅਜੇਹਾ ਆਨੰਦ ਬਣਿਆ ਪਿਆ ਹੈ, ਮਾਨੋ) ਪੰਜ ਕਿਸਮਾਂ ਦੇ ਸਾਜ ਲਗਾਤਾਰ ਮਿਲਵੀਂ ਸੁਰ ਵਿਚ (ਮੇਰੇ ਅੰਦਰ) ਵੱਜ ਰਹੇ ਹਨ ॥੧॥
32772	764	ਆਵਹੁ ਮੀਤ ਪਿਆਰੇ॥		Aavahu Meeth Piaarae ||	So come, my beloved friends,	ਹੇ ਮੇਰੇ ਗਿਆਨ-ਇੰਦ੍ਰਿਓ! ਆਓ!
32773	764	ਮੰਗਲ ਗਾਵਹੁ ਨਾਰੇ॥		Mangal Gaavahu Naarae ||	And sing the songs of joy, O sisters.	ਹੇ ਮੇਰੀ ਸਹੇਲੀਓ! ਪਰਮਾਤਮਾ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਵੋ ਜੋ ਮਨ ਵਿਚ ਹੁਲਾਰਾ ਪੈਦਾ ਕਰਦੇ ਹਨ।
32774	764	ਸਚੁ ਮੰਗਲੁ ਗਾਵਹੁ ਤਾ ਪ੍ਰਭ ਭਾਵਹੁ ਸੋਹਿਲੜਾ ਜੁਗ ਚਾਰੇ॥		Sach Mangal Gaavahu Thaa Prabh Bhaavahu Sohilarraa Jug Chaarae ||	Sing the true songs of joy and God will be pleased. You shall be celebrated throughout the four ages.	ਉਹ ਗੀਤ ਗਾਵੋ ਜੋ ਅਟੱਲ ਆਤਮਕ ਆਨੰਦ ਪੈਦਾ ਕਰਦਾ ਹੈ, ਸਿਫ਼ਤਿ-ਸਾਲਾਹ ਦਾ ਉਹ ਗੀਤ ਗਾਵੋ ਜੋ ਚਹੁ ਜੁਗਾਂ ਵਿਚ ਆਤਮਕ ਹੁਲਾਰਾ ਦੇਈ ਰੱਖਦਾ ਹੈ, ਤਦੋਂ ਹੀ ਤੁਸੀ ਪ੍ਰਭੂ ਨੂੰ ਚੰਗੀਆਂ ਲੱਗੋਗੀਆਂ।

32775	764	ਅਪਨੈ ਘਰਿ ਆਇਆ ਥਾਨਿ ਸੁਹਾਇਆ ਕਾਰਜ ਸਬਦਿ ਸਵਾਰੇ॥		Apanai Ghar Aaeiaa Thhaan Suhaaeiaa Kaaraj Sabadh Savaarae ||	My Husband Lord has come into my home, and my place is adorned and decorated. Through the Shabad, my affairs have been resolved.	(ਹੇ ਸਹੇਲੀਓ! ਮੇਰੇ ਹਿਰਦੇ ਨੂੰ ਆਪਣਾ ਘਰ ਬਣਾ ਕੇ ਸੱਜਣ-ਪ੍ਰਭੂ) ਆਪਣੇ ਘਰ ਵਿਚ ਆਇਆ ਹੈ, ਮੇਰੇ ਹਿਰਦੇ-ਥਾਂ ਵਿਚ ਬੈਠਾ ਸੋਭਾ ਦੇ ਰਿਹਾ ਹੈ, ਗੁਰੂ ਦੇ ਸ਼ਬਦ ਨੇ ਮੇਰੇ ਜੀਵਨ-ਮਨੋਰਥ ਸਵਾਰ ਦਿੱਤੇ ਹਨ।
32776	764	ਗਿਆਨ ਮਹਾ ਰਸੁ ਨੇਤ੍ਰੀ ਅੰਜਨੁ ਤ੍ਰਿਭਵਣ ਰੂਪੁ ਦਿਖਾਇਆ॥		Giaan Mehaa Ras Naethree Anjan Thribhavan Roop Dhikhaaeiaa ||	Applying the ointment, the supreme essence, of divine wisdom to my eyes, I see the Lord's form throughout the three worlds.	ਉੱਚੇ ਤੋਂ ਉੱਚਾ ਆਤਮਕ ਆਨੰਦ ਦੇਣ ਵਾਲਾ ਸਤਿਗੁਰੂ ਦੇ ਬਖ਼ਸ਼ੇ ਗਿਆਨ ਦਾ ਸੁਰਮਾ ਮੈਨੂੰ ਅੱਖਾਂ ਵਿਚ ਪਾਣ ਲਈ ਮਿਲਿਆ ਹੈ (ਉਸ ਦੀ ਬਰਕਤਿ ਨਾਲ ਗੁਰੂ ਨੇ) ਮੈਨੂੰ ਤਿੰਨਾਂ ਭਵਨਾਂ ਵਿਚ ਵਿਆਪਕ ਪ੍ਰਭੂ ਦਾ ਦਰਸਨ ਕਰਾ ਦਿੱਤਾ ਹੈ।
32777	764	ਸਖੀ ਮਿਲਹੁ ਰਸਿ ਮੰਗਲੁ ਗਾਵਹੁ ਹਮ ਘਰਿ ਸਾਜਨੁ ਆਇਆ॥੨॥		Sakhee Milahu Ras Mangal Gaavahu Ham Ghar Saajan Aaeiaa ||2||	So join with me, my sisters, and sing the songs of joy and delight; my friends have come into my home. ||2||	ਹੇ ਸਹੇਲੀਓ! ਪ੍ਰਭੂ ਚਰਨਾਂ ਵਿਚ ਜੁੜੋ ਤੇ ਆਨੰਦ ਨਾਲ ਸਿਫ਼ਤਿ-ਸਾਲਾਹ ਦਾ ਉਹ ਗੀਤ ਗਾਵੋ ਜੋ ਆਤਮਕ ਹੁਲਾਰਾ ਪੈਦਾ ਕਰਦਾ ਹੈ, ਮੇਰੇ ਹਿਰਦੇ-ਘਰ ਵਿਚ ਸੱਜਣ ਪ੍ਰਭੂ ਆ ਪ੍ਰਗਟਿਆ ਹੈ ॥੨॥
32778	764	ਮਨੁ ਤਨੁ ਅੰਮ੍ਰਿਤਿ ਭਿੰਨਾ॥		Man Than Anmrith Bhinnaa ||	My mind and body are drenched with Ambrosial Nectar;	(ਹੇ ਸਹੇਲੀਹੋ!) ਮੇਰਾ ਮਨ ਤੇ ਸਰੀਰ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਭਿੱਜ ਗਿਆ ਹੈ,

32779	764	ਅੰਤਰਿ ਪ੍ਰੇਮੁ ਰਤੰਨਾ॥		Anthar Praem Rathannaa ||	Deep within the nucleus of my self, is the jewel of the Lord's Love.	ਮੇਰੇ ਹਿਰਦੇ ਵਿਚ ਪ੍ਰੇਮ-ਰਤਨ ਪੈਦਾ ਹੋ ਪਿਆ ਹੈ।
32780	764	ਅੰਤਰਿ ਰਤਨੁ ਪਦਾਰਥੁ ਮੇਰੈ ਪਰਮ ਤਤੁ ਵੀਚਾਰੋ॥		Anthar Rathan Padhaarathh Maerai Param Thath Veechaaro ||	This invaluable jewel is deep within me; I contemplate the supreme essence of reality.	ਮੇਰੇ ਹਿਰਦੇ ਵਿਚ ਪਰਮਾਤਮਾ ਦੇ ਗੁਣਾਂ ਦੀ ਵਿਚਾਰ (ਦਾ ਇਕ ਐਸਾ) ਸੋਹਣਾ ਰਤਨ ਪੈਦਾ ਹੋ ਪਿਆ ਹੈ,
32781	764	ਜੰਤ ਭੇਖ ਤੂ ਸਫਲਿਓ ਦਾਤਾ ਸਿਰਿ ਸਿਰਿ ਦੇਵਣਹਾਰੋ॥		Janth Bhaekh Thoo Safaliou Dhaathaa Sir Sir Dhaevanehaaro ||	Living beings are mere beggars; You are the Giver of rewards; You are the Giver to each and every being.	(ਜਿਸ ਦੀ ਬਰਕਤਿ ਨਾਲ ਮੈਂ ਉਸ ਦੇ ਦਰ ਤੇ ਇਉਂ ਅਰਦਾਸਿ ਕਰਦੀ ਹਾਂ-ਹੇ ਪ੍ਰਭੂ! ਸਾਰੇ ਜੀਵ ਤੇਰੇ ਦਰ ਦੇ ਭਿਖਾਰੀ ਹਨ) ਤੂੰ ਭਿਖਾਰੀ ਜੀਵਾਂ ਦਾ ਕਾਮਯਾਬ ਦਾਤਾ ਹੈਂ, ਤੂੰ ਹਰੇਕ ਜੀਵ ਦੇ ਸਿਰ ਉਤੇ (ਰਾਖਾ ਤੇ) ਦਾਤਾਰ ਹੈਂ।
32782	764	ਤੂ ਜਾਨੁ ਗਿਆਨੀ ਅੰਤਰਜਾਮੀ ਆਪੇ ਕਾਰਣੁ ਕੀਨਾ॥		Thoo Jaan Giaanee Antharajaamee Aapae Kaaran Keenaa ||	You are Wise and All-knowing, the Inner-knower; You Yourself created the creation.	ਤੂੰ ਸਿਆਣਾ ਹੈਂ, ਗਿਆਨ-ਵਾਨ ਹੈਂ, ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈਂ, ਤੂੰ ਆਪ ਹੀ ਇਹ (ਸਾਰਾ) ਜਗਤ ਰਚਿਆ ਹੈ (ਤੇ ਆਪ ਹੀ ਹਰੇਕ ਦੀਆਂ ਲੋੜਾਂ ਪੂਰੀਆਂ ਕਰਨੀਆਂ ਜਾਣਦਾ ਹੈਂ ਤੇ ਪੂਰੀਆਂ ਕਰਦਾ ਹੈਂ)।

32783	764	ਸੁਨਹੁ ਸਖੀ ਮਨੁ ਮੋਹਨਿ ਮੋਹਿਆ ਤਨੁ ਮਨੁ ਅੰਮ੍ਰਿਤਿ ਭੀਨਾ॥੩॥		Sunahu Sakhee Man Mohan Mohiaa Than Man Anmrith Bheenaa ||3||	So listen, O my sisters - the Enticer has enticed my mind. My body and mind are drenched with Nectar. ||3||	ਹੇ ਸਹੇਲੀਓ! (ਮੇਰਾ ਹਾਲ ਸੁਣੋ) ਮੋਹਨ-ਪ੍ਰਭੂ ਨੇ ਮੇਰਾ ਮਨ ਆਪਣੇ ਪ੍ਰੇਮ ਦੇ ਵੱਸ ਵਿਚ ਕਰ ਲਿਆ ਹੈ, ਮੇਰਾ ਮਨ ਮੇਰਾ ਤਨ ਉਸ ਦੇ ਨਾਮ-ਅੰਮ੍ਰਿਤ ਨਾਲ ਭਿੱਜਾ ਪਿਆ ਹੈ ॥੩॥
32784	764	ਆਤਮ ਰਾਮੁ ਸੰਸਾਰਾ॥		Aatham Raam Sansaaraa ||	O Supreme Soul of the World,	ਹੇ ਪ੍ਰਭੂ! ਤੂੰ ਸੰਸਾਰ ਦੀ ਜਿੰਦ-ਜਾਨ ਹੈਂ,
32785	764	ਸਾਚਾ ਖੇਲੁ ਤੁਮ੍ਹਾਰਾ॥		Saachaa Khael Thumhaaraa ||	Your play is true.	ਇਹ ਸੰਸਾਰ ਤੇਰੀ ਸਚ-ਮੁਚ ਦੀ ਰਚੀ ਹੋਈ ਖੇਡ ਹੈ (ਭਾਵ, ਹੈ ਤਾਂ ਇਹ ਸੰਸਾਰ ਇਕ ਖੇਡ ਹੀ, ਹੈ ਤਾਂ ਨਾਸਵੰਤ, ਪਰ ਮਨ ਦਾ ਭਰਮ ਨਹੀਂ, ਸਚ-ਮੁਚ ਮੌਜੂਦ ਹੈ)।
32786	764	ਸਚੁ ਖੇਲੁ ਤੁਮ੍ਹਾਰਾ ਅਗਮ ਅਪਾਰਾ ਤੁਧੁ ਬਿਨੁ ਕਉਣੁ ਬੁਝਾਏ॥	ਬੁੱਝਾਏ	Sach Khael Thumhaaraa Agam Apaaraa Thudhh Bin Koun Bujhaaeae ||	Your play is true, O Inaccessible and Infinite Lord; without You, who can make me understand?	ਹੇ ਅਪਹੁੰਚ ਤੇ ਬੇਅੰਤ ਪ੍ਰਭੂ! ਇਹ ਸੰਸਾਰ ਤੇਰੀ ਸਚ-ਮੁਚ ਦੀ ਰਚੀ ਹੋਈ ਇਕ ਖੇਡ ਹੈ (ਇਹ ਅਸਲੀਅਤ) ਤੈਥੋਂ ਬਿਨਾ ਕੋਈ ਸਮਝਾ ਨਹੀਂ ਸਕਦਾ।

32787	764	ਸਿਧ ਸਾਧਿਕ ਸਿਆਣੇ ਕੇਤੇ ਤੁਝ ਬਿਨੁ ਕਵਣੁ ਕਹਾਏ॥		Sidhh Saadhhik Siaanae Kaethae Thujh Bin Kavan Kehaaeae ||	There are millions of Siddhas and enlightened seekers, but without You, who can call himself one?	(ਇਹ ਸੰਸਾਰ ਵਿਚ) ਅਨੇਕਾਂ ਹੀ ਪੁੱਗੇ ਹੋਏ ਜੋਗੀ ਅਨੇਕਾਂ ਹੀ ਸਾਧਨਾਂ ਕਰਨ ਵਾਲੇ ਤੇ ਅਨੇਕਾਂ ਹੀ ਸਿਆਣੇ ਹੁੰਦੇ ਆਏ ਹਨ (ਤੇਰੀ ਹੀ ਮੇਹਰ ਨਾਲ ਇਸ ਮਰਾਤਬੇ ਤੇ ਪਹੁੰਚਦੇ ਹਨ) ਤੈਥੋਂ ਬਿਨਾ ਹੋਰ ਕੋਈ ਤੇਰਾ ਸਿਮਰਨ ਨਹੀਂ ਕਰਾ ਸਕਦਾ।
32788	764	ਕਾਲੁ ਬਿਕਾਲੁ ਭਏ ਦੇਵਾਨੇ ਮਨੁ ਰਾਖਿਆ ਗੁਰਿ ਠਾਏ॥		Kaal Bikaal Bheae Dhaevaanae Man Raakhiaa Gur Thaaeae ||	Death and rebirth drive the mind insane; only the Guru can hold it in its place.	(ਤੇਰੀ ਹੀ ਮੇਹਰ ਨਾਲ) ਗੁਰੂ ਨੇ ਜਿਸ ਦਾ ਮਨ ਤੇਰੇ ਚਰਨਾਂ ਵਿਚ ਜੋੜਿਆ, ਉਸ ਦਾ ਜਨਮ ਮਰਨ ਦਾ ਗੇੜ ਮੁੱਕ ਗਿਆ।
32789	764	ਨਾਨਕ ਅਵਗਣ ਸਬਦਿ ਜਲਾਏ ਗੁਣ ਸੰਗਮਿ ਪ੍ਰਭੁ ਪਾਏ॥੪॥੧॥੨॥		Naanak Avagan Sabadh Jalaaeae Gun Sangam Prabh Paaeae ||4||1||2||	O Nanak, one who burns away his demerits and faults with the Shabad, accumulates virtue, and finds God. ||4||1||2||	ਹੇ ਨਾਨਕ! (ਪ੍ਰਭੂ ਦੀ ਮੇਹਰ ਦਾ ਸਦਕਾ) ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਵਿਚ ਜੁੜ ਕੇ (ਆਪਣੇ ਅੰਦਰੋਂ) ਔਗੁਣ ਸਾੜ ਲਏ, ਉਸ ਨੇ ਗੁਣਾਂ ਦੇ ਮਿਲਾਪ ਨਾਲ ਪ੍ਰਭੂ ਨੂੰ ਲੱਭ ਲਿਆ ॥੪॥੧॥੨॥
32790	764	ਰਾਗੁ ਸੂਹੀ ਮਹਲਾ ੧ ਘਰੁ ੩		Raag Soohee Mehalaa 1 Ghar 3	Raag Soohee, First Mehl, Third House:	ਰਾਗ ਸੂਹੀ, ਘਰ ੩ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
32791	764	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

32792	764	ਆਵਹੁ ਸਜਣਾ ਹਉ ਦੇਖਾ ਦਰਸਨੁ ਤੇਰਾ ਰਾਮ॥		Aavahu Sajanaa Ho Dhaekhaa Dharasan Thaeraa Raam ||	Come, my friend, so that I may behold the blessed Vision of Your Darshan.	ਹੇ ਸੱਜਣ-ਪ੍ਰਭੂ! ਆ, ਮੈਂ ਤੇਰਾ ਦਰਸਨ ਕਰ ਸਕਾਂ।
32793	764	ਘਰਿ ਆਪਨੜੈ ਖੜੀ ਤਕਾ ਮੈ ਮਨਿ ਚਾਉ ਘਨੇਰਾ ਰਾਮ॥	(ਘਰਿ)ਸਾਧਸੰਗਤਿ , ਰਿਦੇ ਰੂਪੀ ਘਰਿ ਚ। (ਆਪਨ-ਤੈ)ਖੜ੍ਹੀ ਤੱਕਾਂ	Ghar Aapanarrai Kharree Thakaa Mai Man Chaao Ghanaeraa Raam ||	I stand in my doorway, watching for You; my mind is filled with such a great yearning.	(ਹੇ ਸੱਜਣ!) ਮੈਂ ਆਪਣੇ ਹਿਰਦੇ ਵਿਚ ਪੂਰੀ ਸਾਵਧਾਨਤਾ ਨਾਲ ਤੇਰੀ ਉਡੀਕ ਕਰ ਰਹੀ ਹਾਂ, ਮੇਰੇ ਮਨ ਵਿਚ ਬੜਾ ਹੀ ਚਾਉ ਹੈ (ਕਿ ਮੈਨੂੰ ਤੇਰਾ ਦਰਸਨ ਹੋਵੇ)।
32794	764	ਮਨਿ ਚਾਉ ਘਨੇਰਾ ਸੁਣਿ ਪ੍ਰਭ ਮੇਰਾ ਮੈ ਤੇਰਾ ਭਰਵਾਸਾ॥		Man Chaao Ghanaeraa Sun Prabh Maeraa Mai Thaeraa Bharavaasaa ||	My mind is filled with such a great yearning; hear me, O God - I place my faith in You.	ਹੇ ਮੇਰੇ ਪ੍ਰਭੂ! (ਮੇਰੀ ਬੇਨਤੀ) ਸੁਣ, ਮੇਰੇ ਮਨ ਵਿਚ (ਤੇਰੇ ਦਰਸਨ ਲਈ) ਬੜਾ ਹੀ ਚਾਉ ਹੈ, ਮੈਨੂੰ ਆਸਰਾ ਭੀ ਤੇਰਾ ਹੀ ਹੈ।
32795	764	ਦਰਸਨੁ ਦੇਖਿ ਭਈ ਨਿਹਕੇਵਲ ਜਨਮ ਮਰਣ ਦੁਖੁ ਨਾਸਾ॥	(ਨਿਹਕੇਵਲ)ਸ਼ੁਧ ਨਿਰਮਲ	Dharasan Dhaekh Bhee Nihakaeval Janam Maran Dhukh Naasaa ||	Gazing upon the Blessed Vision of Your Darshan, I have become free of desire; the pains of birth and death are taken away.	(ਹੇ ਪ੍ਰਭੂ!) ਜਿਸ ਜੀਵ-ਇਸਤ੍ਰੀ ਨੇ ਤੇਰਾ ਦਰਸਨ ਕਰ ਲਿਆ, ਉਹ ਪਵਿੱਤ੍ਰ-ਆਤਮਾ ਹੋ ਗਈ, ਉਸ ਦਾ ਜਨਮ ਮਰਨ ਦਾ ਦੁੱਖ ਦੂਰ ਹੋ ਗਿਆ।
32796	765	ਸਗਲੀ ਜੋਤਿ ਜਾਤਾ ਤੂ ਸੋਈ ਮਿਲਿਆ ਭਾਇ ਸੁਭਾਏ॥		Sagalee Joth Jaathaa Thoo Soee Miliaa Bhaae Subhaaeae ||	Your Light is in everyone; through it, You are known. Through love, You are easily met.	ਉਸ ਨੇ ਸਾਰੇ ਜੀਵਾਂ ਵਿਚ ਤੈਨੂੰ ਹੀ ਵੱਸਦਾ ਪਛਾਣ ਲਿਆ, ਉਸ ਦੇ ਪ੍ਰੇਮ (ਦੀ ਖਿੱਚ) ਦੀ ਰਾਹੀਂ ਤੂੰ ਉਸ ਨੂੰ ਮਿਲ ਪਿਆ।

32797	765	ਨਾਨਕ ਸਾਜਨ ਕਉ ਬਲਿ ਜਾਈਐ ਸਾਚਿ ਮਿਲੇ ਘਰਿ ਆਏ॥੧॥		Naanak Saajan Ko Bal Jaaeeai Saach Milae Ghar Aaeae ||1||	O Nanak, I am a sacrifice to my Friend; He has come home to meet with those who are true. ||1||	ਹੇ ਨਾਨਕ! ਸੱਜਣ ਪ੍ਰਭੂ ਤੋਂ ਸਦਕੇ ਹੋਣਾ ਚਾਹੀਦਾ ਹੈ। ਜੇਹੜੀ ਜੀਵ-ਇਸਤ੍ਰੀ ਉਸ ਦੇ ਸਦਾ-ਥਿਰ ਨਾਮ ਵਿਚ ਜੁੜਦੀ ਹੈ, ਉਸ ਦੇ ਹਿਰਦੇ ਵਿਚ ਉਹ ਆ ਪ੍ਰਗਟਦਾ ਹੈ ॥੧॥
32798	765	ਘਰਿ ਆਇਅੜੇ ਸਾਜਨਾ ਤਾ ਧਨ ਖਰੀ ਸਰਸੀ ਰਾਮ॥		Ghar Aaeiarrae Saajanaa Thaa Dhhan Kharee Sarasee Raam ||	When her Friend comes to her home, the bride is very pleased.	ਜਦੋਂ ਸੱਜਣ-ਪ੍ਰਭੂ ਜੀ ਜੀਵ-ਇਸਤ੍ਰੀ ਦੇ ਹਿਰਦੇ-ਘਰ ਵਿਚ ਪਰਗਟਦੇ ਹਨ, ਤਾਂ ਜੀਵ-ਇਸਤ੍ਰੀ ਬਹੁਤ ਪ੍ਰਸੰਨ-ਚਿੱਤ ਹੋ ਜਾਂਦੀ ਹੈ।
32799	765	ਹਰਿ ਮੋਹਿਅੜੀ ਸਾਚ ਸਬਦਿ ਠਾਕੁਰ ਦੇਖਿ ਰਹੰਸੀ ਰਾਮ॥	(ਰ–ਹੰਸੀ)ਪ੍ਰਸੰਨ ਹੋਈ	Har Mohiarree Saach Sabadh Thaakur Dhaekh Rehansee Raam ||	She is fascinated with the True Word of the Lord's Shabad; gazing upon her Lord and Master, she is filled with joy.	ਜਦੋਂ ਸਦਾ-ਥਿਰ ਪ੍ਰਭੂ ਦੀ ਸਿਫ਼ਤਿ ਸਾਲਾਹ ਦੇ ਸ਼ਬਦ ਨੇ ਉਸ ਨੂੰ ਖਿੱਚ ਪਾਈ, ਤਾਂ ਠਾਕੁਰ ਜੀ ਦਾ ਦਰਸਨ ਕਰ ਕੇ ਉਹ ਅਡੋਲ-ਚਿੱਤ ਹੋ ਗਈ।
32800	765	ਗੁਣ ਸੰਗਿ ਰਹੰਸੀ ਖਰੀ ਸਰਸੀ ਜਾ ਰਾਵੀ ਰੰਗਿ ਰਾਤੈ॥		Gun Sang Rehansee Kharee Sarasee Jaa Raavee Rang Raathai ||	She is filled with virtuous joy, and is totally pleased, when she is ravished and enjoyed by her Lord, and imbued with His Love.	ਜਦੋਂ ਪ੍ਰੇਮ-ਰੰਗ ਵਿਚ ਰੱਤੇ ਪਰਮਾਤਮਾ ਨੇ ਜੀਵ-ਇਸਤ੍ਰੀ ਨੂੰ ਆਪਣੇ ਚਰਨਾਂ ਵਿਚ ਜੋੜਿਆ ਤਾਂ ਉਹ ਪ੍ਰਭੂ ਦੇ ਗੁਣਾਂ (ਦੀ ਯਾਦ) ਵਿਚ ਅਡੋਲ-ਆਤਮਾ ਹੋ ਗਈ ਤੇ ਬਹੁਤ ਪ੍ਰਸੰਨ-ਚਿੱਤ ਹੋ ਗਈ।

32801	765	ਅਵਗਣ ਮਾਰਿ ਗੁਣੀ ਘਰੁ ਛਾਇਆ ਪੂਰੈ ਪੁਰਖਿ ਬਿਧਾਤੈ॥		Avagan Maar Gunee Ghar Shhaaeiaa Poorai Purakh Bidhhaathai ||	Her faults and demerits are eradicated, and she roofs her home with virtue, through the Perfect Lord, the Architect of Destiny.	ਪੂਰਨ ਪੁਰਖ ਨੇ ਸਿਰਜਣਹਾਰ ਨੇ (ਉਸ ਦੇ ਅੰਦਰੋਂ) ਔਗੁਣ ਦੂਰ ਕਰ ਕੇ ਉਸ ਦੇ ਹਿਰਦੇ ਨੂੰ ਗੁਣਾਂ ਨਾਲ ਭਰਪੂਰ ਕਰ ਦਿੱਤਾ।
32802	765	ਤਸਕਰ ਮਾਰਿ ਵਸੀ ਪੰਚਾਇਣਿ ਅਦਲੁ ਕਰੇ ਵੀਚਾਰੇ॥		Thasakar Maar Vasee Panchaaein Adhal Karae Veechaarae ||	Conquering the thieves, she dwells as the mistress of her home, and administers justice wisely.	ਕਾਮਾਦਿਕ ਚੋਰਾਂ ਨੂੰ ਮਾਰ ਕੇ ਉਹ ਜੀਵ-ਇਸਤ੍ਰੀ ਉਸ ਪਰਮਾਤਮਾ (ਦੇ ਚਰਨਾਂ) ਵਿਚ ਟਿਕ ਗਈ ਜੋ ਸਦਾ ਪੂਰੀ ਵਿਚਾਰ ਨਾਲ ਨਿਆਂ ਕਰਦਾ ਹੈ।
32803	765	ਨਾਨਕ ਰਾਮ ਨਾਮਿ ਨਿਸਤਾਰਾ ਗੁਰਮਤਿ ਮਿਲਹਿ ਪਿਆਰੇ॥੨॥		Naanak Raam Naam Nisathaaraa Guramath Milehi Piaarae ||2||	O Nanak, through the Lord's Name, she is emancipated; through the Guru's Teachings, she meets her Beloved. ||2||	ਹੇ ਨਾਨਕ! ਪਰਮਾਤਮਾ ਦੇ ਨਾਮ ਵਿਚ ਜੁੜਿਆਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ, ਗੁਰੂ ਦੀ ਸਿੱਖਿਆ ਤੇ ਤੁਰਿਆਂ ਪਿਆਰੇ ਪ੍ਰਭੂ ਜੀ ਮਿਲ ਪੈਂਦੇ ਹਨ ॥੨॥
32804	765	ਵਰੁ ਪਾਇਅੜਾ ਬਾਲੜੀਏ ਆਸਾ ਮਨਸਾ ਪੂਰੀ ਰਾਮ॥		Var Paaeiarraa Baalarreeeae Aasaa Manasaa Pooree Raam ||	The young bride has found her Husband Lord; her hopes and desires are fulfilled.	ਜਿਸ ਜੀਵ-ਇਸਤ੍ਰੀ ਨੇ ਖਸਮ-ਪ੍ਰਭੂ ਲੱਭ ਲਿਆ, ਉਸ ਦੀ ਹਰੇਕ ਆਸ ਉਸ ਦੀ ਹਰੇਕ ਇੱਛਾ ਪੂਰੀ ਹੋ ਜਾਂਦੀ ਹੈ (ਭਾਵ, ਉਸ ਦਾ ਮਨ ਦੁਨੀਆ ਦੀਆਂ ਆਸਾਂ ਆਦਿਕ ਵਲ ਨਹੀਂ ਦੌੜਦਾ ਭੱਜਦਾ)।

32805	765	ਪਿਰਿ ਰਾਵਿਅੜੀ ਸਬਦਿ ਰਲੀ ਰਵਿ ਰਹਿਆ ਨਹ ਦੂਰੀ ਰਾਮ॥		Pir Raaviarree Sabadh Ralee Rav Rehiaa Neh Dhooree Raam ||	She enjoys and ravishes her Husband Lord, and blends into the Word of the Shabad, pervading and permeating everywhere; the Lord is not far away.	ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਨੇ ਆਪਣੇ ਚਰਨਾਂ ਵਿਚ ਜੋੜ ਲਿਆ, ਜੋ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਪ੍ਰਭੂ ਵਿਚ ਲੀਨ ਹੋ ਗਈ, ਉਸ ਨੂੰ ਪ੍ਰਭੂ ਹਰ ਥਾਂ ਵਿਆਪਕ ਦਿੱਸਦਾ ਹੈ, ਉਸ ਨੂੰ ਆਪਣੇ ਤੋਂ ਦੂਰ ਨਹੀਂ ਜਾਪਦਾ।
32806	765	ਪ੍ਰਭੁ ਦੂਰਿ ਨ ਹੋਈ ਘਟਿ ਘਟਿ ਸੋਈ ਤਿਸ ਕੀ ਨਾਰਿ ਸਬਾਈ॥		Prabh Dhoor N Hoee Ghatt Ghatt Soee This Kee Naar Sabaaee ||	God is not far away; He is in each and every heart. All are His brides.	ਉਸ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ ਪ੍ਰਭੂ ਕਿਤੇ ਦੂਰ ਨਹੀਂ ਹਰੇਕ ਸਰੀਰ ਵਿਚ ਉਹੀ ਮੌਜੂਦ ਹੈ, ਸਾਰੀਆਂ ਜੀਵ-ਇਸਤ੍ਰੀਆਂ ਉਸੇ ਦੀਆਂ ਹੀ ਹਨ।
32807	765	ਆਪੇ ਰਸੀਆ ਆਪੇ ਰਾਵੇ ਜਿਉ ਤਿਸ ਦੀ ਵਡਿਆਈ॥		Aapae Raseeaa Aapae Raavae Jio This Dhee Vaddiaaee ||	He Himself is the Enjoyer, He Himself ravishes and enjoys; this is His glorious greatness.	ਉਹ ਆਪ ਹੀ ਆਨੰਦ ਦਾ ਸੋਮਾ ਹੈ, ਜਿਵੇਂ ਉਸ ਦੀ ਰਜ਼ਾ ਹੁੰਦੀ ਹੈ ਉਹ ਆਪ ਹੀ ਆਪਣੇ ਮਿਲਾਪ ਦਾ ਆਨੰਦ ਦੇਂਦਾ ਹੈ।

32808	765	ਅਮਰ ਅਡੋਲੁ ਅਮੋਲੁ ਅਪਾਰਾ ਗੁਰਿ ਪੂਰੈ ਸਚੁ ਪਾਈਐ॥		Amar Addol Amol Apaaraa Gur Poorai Sach Paaeeai ||	He is imperishable, immovable, invaluable and infinite. The True Lord is obtained through the Perfect Guru.	ਉਹ ਪਰਮਾਤਮਾ ਮੌਤ-ਰਹਿਤ ਹੈ, ਮਾਇਆ ਵਿਚ ਡੋਲਦਾ ਨਹੀਂ ਉਸ ਦਾ ਮੁੱਲ ਨਹੀਂ ਪੈ ਸਕਦਾ (ਭਾਵ, ਕੋਈ ਪਦਾਰਥ ਉਸ ਦੇ ਬਰਾਬਰ ਦਾ ਨਹੀਂ) ਉਹ ਸਦਾ-ਥਿਰ ਰਹਿਣ ਵਾਲਾ ਹੈ, ਉਹ ਬੇਅੰਤ ਹੈ, ਪੂਰੇ ਗੁਰੂ ਦੀ ਰਾਹੀਂ ਉਸ ਦੀ ਪ੍ਰਾਪਤੀ ਹੁੰਦੀ ਹੈ।
32809	765	ਨਾਨਕ ਆਪੇ ਜੋਗ ਸਜੋਗੀ ਨਦਰਿ ਕਰੇ ਲਿਵ ਲਾਈਐ॥੩॥		Naanak Aapae Jog Sajogee Nadhar Karae Liv Laaeeai ||3||	O Nanak, He Himself unites in Union; by His Glance of Grace, He lovingly attunes them to Himself. ||3||	ਹੇ ਨਾਨਕ! ਪ੍ਰਭੂ ਆਪ ਹੀ ਜੀਵਾਂ ਦੇ ਆਪਣੇ ਨਾਲ ਮੇਲ ਦੇ ਢੋ ਢੁਕਾਂਦਾ ਹੈ, ਜਦੋਂ ਉਹ ਮੇਹਰ ਦੀ ਨਜ਼ਰ ਕਰਦਾ ਹੈ, ਤਦੋਂ ਜੀਵ ਉਸ ਵਿਚ ਸੁਰਤ ਜੋੜਦਾ ਹੈ ॥੩॥
32810	765	ਪਿਰੁ ਉਚੜੀਐ ਮਾੜੜੀਐ ਤਿਹੁ ਲੋਆ ਸਿਰਤਾਜਾ ਰਾਮ॥	ਸੱਚਖੰਡ ਰੂਪੀ ਉੱਚੀ(ਮਾੜੜੀ-ਐ)ਹਵੇਲੀ। ਉੱਚੜੀਐ	Pir Oucharreeai Maarrarreeai Thihu Loaa Sirathaajaa Raam ||	My Husband Lord dwells in the loftiest balcony; He is the Supreme Lord of the three worlds.	ਪ੍ਰਭੂ-ਪਤੀ ਇਕ ਸੋਹਣੇ ਉੱਚੇ ਮਹਲ ਵਿਚ ਵੱਸਦਾ ਹੈ (ਜਿੱਥੇ ਮਾਇਆ ਦਾ ਪ੍ਰਭਾਵ ਨਹੀਂ ਪੈ ਸਕਦਾ) ਉਹ ਤਿੰਨਾਂ ਲੋਕਾਂ ਦਾ ਨਾਥ ਹੈ।
32811	765	ਹਉ ਬਿਸਮ ਭਈ ਦੇਖਿ ਗੁਣਾ ਅਨਹਦ ਸਬਦ ਅਗਾਜਾ ਰਾਮ॥		Ho Bisam Bhee Dhaekh Gunaa Anehadh Sabadh Agaajaa Raam ||	I am amazed, gazing upon His glorious excellence; the unstruck sound current of the Shabad vibrates and resonates.	ਉਸ ਦੇ ਗੁਣ ਵੇਖ ਕੇ ਮੈਂ ਹੈਰਾਨ ਹੋ ਰਹੀ ਹਾਂ। ਚੌਹੀਂ ਪਾਸੀਂ (ਸਾਰੇ ਸੰਸਾਰ ਵਿਚ) ਉਸ ਦੀ ਜੀਵਨ-ਰੌ ਇਕ-ਰਸ ਰੁਮਕ ਰਹੀ ਹੈ।

32812	765	ਸਬਦੁ ਵੀਚਾਰੀ ਕਰਣੀ ਸਾਰੀ ਰਾਮ ਨਾਮੁ ਨੀਸਾਣੋ॥		Sabadh Veechaaree Karanee Saaree Raam Naam Neesaano ||	I contemplate the Shabad, and perform sublime deeds; I am blessed with the insignia, the banner of the Lord's Name.	ਜੇਹੜਾ ਮਨੁੱਖ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਨੂੰ ਵਿਚਾਰਦਾ ਹੈ (ਭਾਵ, ਆਪਣੇ ਮਨ ਵਿਚ ਵਸਾਂਦਾ ਹੈ) ਜਿਸ ਨੇ ਇਹ ਸ੍ਰੇਸ਼ਟ ਕਰਤੱਬ ਬਣਾ ਲਿਆ ਹੈ, ਜਿਸ ਦੇ ਪਾਸ ਪਰਮਾਤਮਾ ਦਾ ਨਾਮ (ਰੂਪ) ਰਾਹਦਾਰੀ ਹੈ (ਉਸ ਨੂੰ ਪ੍ਰਭੂ ਦੀ ਹਜ਼ੂਰੀ ਵਿਚ ਥਾਂ ਮਿਲ ਜਾਂਦੀ ਹੈ, ਪਰ)
32813	765	ਨਾਮ ਬਿਨਾ ਖੋਟੇ ਨਹੀ ਠਾਹਰ ਨਾਮੁ ਰਤਨੁ ਪਰਵਾਣੋ॥		Naam Binaa Khottae Nehee Thaahar Naam Rathan Paravaano ||	Without the Naam, the Name of the Lord, the false find no place of rest; only the jewel of the Naam brings acceptance and renown.	ਨਾਮ-ਹੀਣੇ ਖੋਟੇ ਮਨੁੱਖ ਨੂੰ (ਉਸ ਦੀ ਦਰਗਾਹ ਵਿਚ) ਥਾਂ ਨਹੀਂ ਮਿਲਦੀ। (ਪ੍ਰਭੂ ਦੇ ਦਰ ਤੇ) ਪ੍ਰਭੂ ਦਾ ਨਾਮ-ਰਤਨ ਹੀ ਕਬੂਲ ਹੁੰਦਾ ਹੈ।
32814	765	ਪਤਿ ਮਤਿ ਪੂਰੀ ਪੂਰਾ ਪਰਵਾਨਾ ਨਾ ਆਵੈ ਨਾ ਜਾਸੀ॥		Path Math Pooree Pooraa Paravaanaa Naa Aavai Naa Jaasee ||	Perfect is my honor, perfect is my intellect and password. I shall not have to come or go.	ਜਿਸ ਮਨੁੱਖ ਦੇ ਪਾਸ (ਪ੍ਰਭੂ-ਨਾਮ ਦਾ) ਅ-ਰੁਕ ਪਰਵਾਨਾ ਹੈ, ਉਸ ਨੂੰ (ਪ੍ਰਭੂ-ਦਰ ਤੇ) ਪੂਰੀ ਇੱਜ਼ਤ ਮਿਲਦੀ ਹੈ ਉਸ ਦੀ ਅਕਲ ਉਕਾਈ-ਹੀਣ ਹੋ ਜਾਂਦੀ ਹੈ, ਉਹ ਜਨਮ ਮਰਨ ਦੇ ਗੇੜ ਤੋਂ ਬਚ ਜਾਂਦਾ ਹੈ।

32815	765	ਨਾਨਕ ਗੁਰਮੁਖਿ ਆਪੁ ਪਛਾਣੈ ਪ੍ਰਭ ਜੈਸੇ ਅਵਿਨਾਸੀ॥੪॥੧॥੩॥		Naanak Guramukh Aap Pashhaanai Prabh Jaisae Avinaasee ||4||1||3||	O Nanak, the Gurmukh understands her own self; she becomes like her Imperishable Lord God. ||4||1||3||	ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਜੋ ਮਨੁੱਖ ਆਪਣੇ ਜੀਵਨ ਨੂੰ ਪੜਤਾਲਦਾ ਹੈ, ਉਹ ਅਬਿਨਾਸੀ ਪ੍ਰਭੂ ਦਾ ਰੂਪ ਹੋ ਜਾਂਦਾ ਹੈ ॥੪॥੧॥੩॥
32816	765	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32817	765	ਰਾਗੁ ਸੂਹੀ ਛੰਤ ਮਹਲਾ ੧ ਘਰੁ ੪॥		Raag Soohee Shhanth Mehalaa 1 Ghar 4 ||	Raag Soohee, Chhant, First Mehl, Fourth House:	ਰਾਗ ਸੂਹੀ, ਘਰ ੪ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਛੰਤ' (ਛੰਦ)।
32818	765	ਜਿਨਿ ਕੀਆ ਤਿਨਿ ਦੇਖਿਆ ਜਗੁ ਧੰਧੜੈ ਲਾਇਆ॥		Jin Keeaa Thin Dhaekhiaa Jag Dhhandhharrai Laaeiaa ||	The One who created the world, watches over it; He enjoins the people of the world to their tasks.	ਜਿਸ ਪ੍ਰਭੂ ਨੇ ਇਹ ਜਗਤ ਪੈਦਾ ਕੀਤਾ ਹੈ ਉਸੇ ਨੇ ਇਸ ਦੀ ਸੰਭਾਲ ਕੀਤੀ ਹੋਈ ਹੈ, ਉਸੇ ਨੇ ਇਸ ਨੂੰ ਮਾਇਆ ਦੀ ਦੌੜ-ਭੱਜ ਵਿਚ ਲਾਇਆ ਹੋਇਆ ਹੈ।
32819	765	ਦਾਨਿ ਤੇਰੈ ਘਟਿ ਚਾਨਣਾ ਤਨਿ ਚੰਦੁ ਦੀਪਾਇਆ॥		Dhaan Thaerai Ghatt Chaananaa Than Chandh Dheepaaeiaa ||	Your gifts, O Lord, illuminate the heart, and the moon casts its light on the body.	(ਪਰ ਹੇ ਪ੍ਰਭੂ!) ਤੇਰੀ ਬਖ਼ਸ਼ਸ਼ ਨਾਲ (ਕਿਸੇ ਸੁਭਾਗ) ਹਿਰਦੇ ਵਿਚ ਤੇਰੀ ਜੋਤਿ ਦਾ ਚਾਨਣ ਹੁੰਦਾ ਹੈ, (ਕਿਸੇ ਸੁਭਾਗ) ਸਰੀਰ ਵਿਚ ਚੰਦ ਚਮਕਦਾ ਹੈ (ਤੇਰੇ ਨਾਮ ਦੀ ਸੀਤਲਤਾ ਹੁਲਾਰੇ ਦੇਂਦੀ ਹੈ)।

32820	765	ਚੰਦੋ ਦੀਪਾਇਆ ਦਾਨਿ ਹਰਿ ਕੈ ਦੁਖੁ ਅੰਧੇਰਾ ਉਠਿ ਗਇਆ॥	(ਚੰਦੋ)ਵੈਰਾਗ ਰੂਪੀ ਚੰਦ੍ਰਮਾ। (ਦੀਪਾਇਆ)ਪ੍ਰਕਾਸ਼ਆ। ਗਇਆ	Chandho Dheepaaeiaa Dhaan Har Kai Dhukh Andhhaeraa Outh Gaeiaa ||	The moon glows, by the Lord's gift, and the darkness of suffering is taken away.	ਪ੍ਰਭੂ ਦੀ ਬਖ਼ਸ਼ਸ਼ ਨਾਲ ਜਿਸ ਹਿਰਦੇ ਵਿਚ (ਪ੍ਰਭੂ-ਨਾਮ ਦੀ) ਸੀਤਲਤਾ ਲਿਸ਼ਕ ਮਾਰਦੀ ਹੈ ਉਸ ਹਿਰਦੇ ਵਿਚੋਂ (ਅਗਿਆਨਤਾ ਦਾ) ਹਨੇਰਾ ਤੇ ਦੁੱਖ-ਕਲੇਸ਼ ਦੂਰ ਹੋ ਜਾਂਦਾ ਹੈ।
32821	765	ਗੁਣ ਜੰਞ ਲਾੜੇ ਨਾਲਿ ਸੋਹੈ ਪਰਖਿ ਮੋਹਣੀਐ ਲਇਆ॥	ਸ਼ੁਭ ਗੁਣਾਂ ਰੂਪੀ (ਜੰਞ)। ਪ੍ਰਮੇਸ਼ਰ ਜੀ ਨੂੰ,(ਮੋਹਣੀਐ)ਗੁਰਸੇਵਕ ਇਸਤ੍ਰੀਆਂ ਨੇ	Gun Jannj Laarrae Naal Sohai Parakh Mohaneeai Laeiaa ||	The marriage party of virtue looks beautiful with the Groom; He chooses His enticing bride with care.	ਜਿਵੇਂ ਜੰਞ ਲਾੜੇ ਨਾਲ ਹੀ ਸੋਹਣੀ ਲੱਗਦੀ ਹੈ, ਤਿਵੇਂ ਜੀਵ-ਇਸਤ੍ਰੀ ਦੇ ਗੁਣ ਤਦੋਂ ਹੀ ਸੋਭਦੇ ਹਨ ਜੇ ਪ੍ਰਭੂ-ਪਤੀ ਹਿਰਦੇ ਵਿਚ ਵੱਸਦਾ ਹੋਵੇ। ਜਿਸ ਜੀਵ-ਇਸਤ੍ਰੀ ਨੇ ਆਪਣੇ ਜੀਵਨ ਨੂੰ ਪ੍ਰਭੂ ਦੀ ਸਿਫ਼ਤਿ-ਸਾਲਾਹ ਨਾਲ ਸੁੰਦਰ ਬਣਾ ਲਿਆ ਹੈ, ਉਸ ਨੇ ਇਸ ਦੀ ਕਦਰ ਸਮਝ ਕੇ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾ ਲਿਆ ਹੈ।
32822	765	ਵੀਵਾਹੁ ਹੋਆ ਸੋਭ ਸੇਤੀ ਪੰਚ ਸਬਦੀ ਆਇਆ॥		Veevaahu Hoaa Sobh Saethee Panch Sabadhee Aaeiaa ||	The wedding is performed with glorious splendor; He has arrived, accompanied by the vibrations of the Panch Shabad, the Five Primal Sounds.	ਉਸ ਦਾ ਪ੍ਰਭੂ-ਪਤੀ ਨਾਲ ਮਿਲਾਪ ਹੋ ਜਾਂਦਾ ਹੈ, (ਲੋਕ ਪਰਲੋਕ ਵਿਚ) ਉਸ ਨੂੰ ਸੋਭਾ ਭੀ ਮਿਲਦੀ ਹੈ, ਇਕ-ਰਸ ਆਤਮਕ ਆਨੰਦ ਦਾ ਦਾਤਾ ਪ੍ਰਭੂ ਉਸ ਦੇ ਹਿਰਦੇ ਵਿਚ ਪਰਗਟ ਹੋ ਜਾਂਦਾ ਹੈ।

32823	765	ਜਿਨਿ ਕੀਆ ਤਿਨਿ ਦੇਖਿਆ ਜਗੁ ਧੰਧੜੈ ਲਾਇਆ॥੧॥		Jin Keeaa Thin Dhaekhiaa Jag Dhhandhharrai Laaeiaa ||1||	The One who created the world, watches over it; He enjoins the people of the world to their tasks. ||1||	ਜਿਸ ਪ੍ਰਭੂ ਨੇ ਇਹ ਜਗਤ ਪੈਦਾ ਕੀਤਾ ਹੈ ਉਹੀ ਇਸ ਦੀ ਸੰਭਾਲ ਕਰਦਾ ਹੈ, ਉਸ ਨੇ ਇਸ ਨੂੰ ਮਾਇਆ ਦੀ ਦੌੜ-ਭੱਜ ਵਿਚ ਲਾਇਆ ਹੋਇਆ ਹੈ ॥੧॥
32824	765	ਹਉ ਬਲਿਹਾਰੀ ਸਾਜਨਾ ਮੀਤਾ ਅਵਰੀਤਾ॥	ਔਗੁਣ ਬਖ਼ਸ਼ ਕੇ ਮੇਲਣ ਵਾਲੀਆਂ(ਅਵਰੀਤਾਂ) ਹੋਰ ਰੀਤਾਂ	Ho Balihaaree Saajanaa Meethaa Avareethaa ||	I am a sacrifice to my pure friends, the immaculate Saints.	ਮੈਂ ਉਹਨਾਂ ਸੱਜਣਾਂ ਮਿੱਤਰਾਂ ਤੋਂ ਸਦਕੇ ਹਾਂ ਜਿਨ੍ਹਾਂ ਉਤੇ ਮਾਇਆ ਦਾ ਪਰਦਾ ਨਹੀਂ ਪਿਆ,
32825	765	ਇਹੁ ਤਨੁ ਜਿਨ ਸਿਉ ਗਾਡਿਆ ਮਨੁ ਲੀਅੜਾ ਦੀਤਾ॥		Eihu Than Jin Sio Gaaddiaa Man Leearraa Dheethaa ||	This body is attached to them, and we have shared our minds.	ਜਿਨ੍ਹਾਂ ਦੀ ਸੰਗਤਿ ਕਰ ਕੇ ਮੈਂ ਉਹਨਾਂ ਨਾਲ ਦਿਲੀ ਸਾਂਝ ਪਾਈ ਹੈ।
32826	765	ਲੀਆ ਤ ਦੀਆ ਮਾਨੁ ਜਿਨ੍ ਸਿਉ ਸੇ ਸਜਨ ਕਿਉ ਵੀਸਰਹਿ॥	ਸੱਜਨ	Leeaa Th Dheeaa Maan Jinh Sio Sae Sajan Kio Veesarehi ||	We have shared our minds - how could I forget those friends?	ਜਿਨ੍ਹਾਂ ਗੁਰਮੁਖਾਂ ਨਾਲ ਦਿਲੀ ਸਾਂਝ ਪੈ ਸਕੇ ਉਹ ਸੱਜਣ ਕਦੇ ਭੀ ਭੁੱਲਣੇ ਨਹੀਂ ਚਾਹੀਦੇ।

32827	765	ਜਿਨ੍ ਦਿਸਿ ਆਇਆ ਹੋਹਿ ਰਲੀਆ ਜੀਅ ਸੇਤੀ ਗਹਿ ਰਹਹਿ॥	ਜਿਨ੍ਹਾਂ ਸੰਤਾਂ ਦੇ (ਦਿਸਿ)ਦਰਸ਼ਨ। (ਆਇਆਂ) ਮਿਲਿਆਂ	Jinh Dhis Aaeiaa Hohi Raleeaa Jeea Saethee Gehi Rehehi ||	Seeing them brings joy to my heart; I keep them clasped to my soul.	ਉਹਨਾਂ ਦਾ ਦਰਸਨ ਕੀਤਿਆਂ ਆਤਮਕ ਖ਼ੁਸ਼ੀਆਂ ਪੈਦਾ ਹੁੰਦੀਆਂ ਹਨ, ਉਹ ਸੱਜਣ (ਆਪਣੇ ਸਤਸੰਗੀਆਂ ਨੂੰ ਆਪਣੀ) ਜਾਨ ਨਾਲ ਲਾ ਰੱਖਦੇ ਹਨ (ਜਿੰਦ ਤੋਂ ਪਿਆਰਾ ਸਮਝਦੇ ਹਨ)।
32828	765	ਸਗਲ ਗੁਣ ਅਵਗਣੁ ਨ ਕੋਈ ਹੋਹਿ ਨੀਤਾ ਨੀਤਾ॥		Sagal Gun Avagan N Koee Hohi Neethaa Neethaa ||	They have all virtues and merits, forever and ever; they have no demerits or faults at all.	ਉਹਨਾਂ ਵਿਚ ਸਾਰੇ ਗੁਣ ਹੀ ਗੁਣ ਹੁੰਦੇ ਹਨ, ਔਗੁਣ ਉਹਨਾਂ ਦੇ ਨੇੜੇ ਨਹੀਂ ਢੁਕਦੇ।
32829	765	ਹਉ ਬਲਿਹਾਰੀ ਸਾਜਨਾ ਮੀਤਾ ਅਵਰੀਤਾ॥੨॥		Ho Balihaaree Saajanaa Meethaa Avareethaa ||2||	I am a sacrifice to my pure friends, the immaculate Saints. ||2||	ਮੈਂ ਸਦਕੇ ਹਾਂ ਉਹਨਾਂ ਸੱਜਣਾਂ ਮਿੱਤਰਾਂ ਤੋਂ ਜਿਨ੍ਹਾਂ ਉਤੇ ਮਾਇਆ ਦਾ ਪ੍ਰਭਾਵ ਨਹੀਂ ਪਿਆ ॥੨॥
32830	765	ਗੁਣਾ ਕਾ ਹੋਵੈ ਵਾਸੁਲਾ ਕਢਿ ਵਾਸੁ ਲਈਜੈ॥		Gunaa Kaa Hovai Vaasulaa Kadt Vaas Leejai ||	One who has a basket of fragrant virtues, should enjoy its fragrance.	(ਜੇ ਕਿਸੇ ਮਨੁੱਖ ਪਾਸ ਸੁਗੰਧੀ ਦੇਣ ਵਾਲੀਆਂ ਚੀਜ਼ਾਂ ਨਾਲ ਭਰਿਆ ਡੱਬਾ ਹੋਵੇ, ਉਸ ਡੱਬੇ ਦਾ ਲਾਭ ਉਸ ਨੂੰ ਤਦੋਂ ਹੀ ਹੈ ਜੇ ਉਹ ਡੱਬਾ ਖੋਹਲ ਕੇ ਉਹ ਸੁਗੰਧੀ ਲਏ। ਗੁਰਮੁਖਾਂ ਦੀ ਸੰਗਤਿ ਗੁਣਾਂ ਦਾ ਡੱਬਾ ਹੈ) ਜੇ ਕਿਸੇ ਨੂੰ ਗੁਣਾਂ ਦਾ ਡੱਬਾ ਲੱਭ ਪਏ, ਤਾਂ ਉਹ ਡੱਬਾ ਖੋਹਲ ਕੇ (ਡੱਬੇ ਵਿਚਲੀ) ਸੁਗੰਧੀ ਲੈਣੀ ਚਾਹੀਦੀ ਹੈ।

32831	765	ਜੇ ਗੁਣ ਹੋਵਨ੍ਹਿ ਸਾਜਨਾ ਮਿਲਿ ਸਾਝ ਕਰੀਜੈ॥	ਸਾਂਝ	Jae Gun Hovanih Saajanaa Mil Saajh Kareejai ||	If my friends have virtues, I will share in them.	(ਹੇ ਭਾਈ!) ਜੇ ਤੂੰ ਚਾਹੁੰਦਾ ਹੈਂ ਕਿ ਤੇਰੇ ਅੰਦਰ ਗੁਣ ਪੈਦਾ ਹੋਣ, ਤਾਂ ਗੁਰਮੁਖਾਂ ਨੂੰ ਮਿਲ ਕੇ ਉਹਨਾਂ ਨਾਲ ਗੁਣਾਂ ਦੀ ਸਾਂਝ ਕਰਨੀ ਚਾਹੀਦੀ ਹੈ।
32832	766	ਸਾਝ ਕਰੀਜੈ ਗੁਣਹ ਕੇਰੀ ਛੋਡਿ ਅਵਗਣ ਚਲੀਐ॥		Saajh Kareejai Guneh Kaeree Shhodd Avagan Chaleeai ||	Let us form a partnership, and share our virtues; let us abandon our faults, and walk on the Path.	(ਗੁਰਮੁਖਾਂ ਨਾਲ) ਗੁਣਾਂ ਦੀ ਸਾਂਝ ਕਰਨੀ ਚਾਹੀਦੀ ਹੈ, ਇਸ ਤਰ੍ਹਾਂ (ਅੰਦਰੋਂ) ਔਗੁਣ ਤਿਆਗ ਕੇ ਜੀਵਨ-ਰਾਹ ਤੇ ਤੁਰ ਸਕੀਦਾ ਹੈ,
32833	766	ਪਹਿਰੇ ਪਟੰਬਰ ਕਰਿ ਅਡੰਬਰ ਆਪਣਾ ਪਿੜੁ ਮਲੀਐ॥		Pehirae Pattanbar Kar Addanbar Aapanaa Pirr Maleeai ||	Let us wear our virtues like silk clothes; let us decorate ourselves, and enter the arena.	ਸਭ ਨਾਲ ਪ੍ਰੇਮ ਵਾਲਾ ਵਰਤਾਵ ਕਰ ਕੇ ਤੇ ਭਲਾਈ ਦੇ ਸੋਹਣੇ ਉੱਦਮ ਕਰ ਕੇ ਵਿਕਾਰਾਂ ਦੇ ਟਾਕਰੇ ਤੇ ਜੀਵਨ-ਘੋਲ ਜਿੱਤਿਆ ਜਾ ਸਕਦਾ ਹੈ।
32834	766	ਜਿਥੈ ਜਾਇ ਬਹੀਐ ਭਲਾ ਕਹੀਐ ਝੋਲਿ ਅੰਮ੍ਰਿਤੁ ਪੀਜੈ॥		Jithhai Jaae Beheeai Bhalaa Keheeai Jhol Anmrith Peejai ||	Let us speak of goodness, wherever we go and sit; let us skim off the Ambrosial Nectar, and drink it in.	(ਗੁਰਮੁਖਾਂ ਦੀ ਸੰਗਤਿ ਦੀ ਬਰਕਤਿ ਨਾਲ ਫਿਰ) ਜਿੱਥੇ ਭੀ ਜਾ ਕੇ ਬੈਠੀਏ ਭਲਾਈ ਦੀ ਗੱਲ ਹੀ ਕੀਤੀ ਜਾ ਸਕਦੀ ਹੈ, ਤੇ ਮੰਦੇ ਪਾਸੇ ਵਲੋਂ ਹਟ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਤਾ ਜਾ ਸਕਦਾ ਹੈ।

32835	766	ਗੁਣਾ ਕਾ ਹੋਵੈ ਵਾਸੁਲਾ ਕਢਿ ਵਾਸੁ ਲਈਜੈ॥੩॥		Gunaa Kaa Hovai Vaasulaa Kadt Vaas Leejai ||3||	One who has a basket of fragrant virtues, should enjoy its fragrance. ||3||	(ਹੇ ਭਾਈ!) ਜੇ ਕਿਸੇ ਨੂੰ ਗੁਣਾਂ ਦਾ ਡੱਬਾ ਲੱਭ ਪਏ ਤਾਂ ਉਹ ਡੱਬਾ ਖੋਹਲ ਕੇ (ਡੱਬੇ ਵਿਚਲੀ) ਸੁਗੰਧੀ ਲੈਣੀ ਚਾਹੀਦੀ ਹੈ ॥੩॥
32836	766	ਆਪਿ ਕਰੇ ਕਿਸੁ ਆਖੀਐ ਹੋਰੁ ਕਰੇ ਨ ਕੋਈ॥		Aap Karae Kis Aakheeai Hor Karae N Koee ||	He Himself acts; unto whom should we complain? No one else does anything.	(ਜਗਤ ਵਿਚ ਅਨੇਕਾਂ ਜੀਵ ਗੁਣ ਵਿਹਾਝ ਰਹੇ ਹਨ, ਅਨੇਕਾਂ ਹੀ ਔਗੁਣ ਕਮਾ ਰਹੇ ਹਨ। ਇਹ ਪਰਮਾਤਮਾ ਦੀ ਆਪਣੀ ਹੀ ਰਚੀ ਖੇਡ ਹੈ) ਪਰਮਾਤਮਾ ਆਪ ਹੀ (ਇਹ ਸਭ ਕੁਝ) ਕਰ ਰਿਹਾ ਹੈ, ਉਸ ਤੋਂ ਬਿਨਾ ਹੋਰ ਕੋਈ ਨਹੀਂ ਕਰ ਸਕਦਾ, (ਤਾਹੀਏਂ) ਕਿਸੇ ਹੋਰ ਦੇ ਪਾਸ (ਇਸ ਦੇ ਸੰਬੰਧ ਵਿਚ) ਕੋਈ ਗਿਲਾ ਆਦਿਕ ਨਹੀਂ ਕੀਤਾ ਜਾ ਸਕਦਾ।
32837	766	ਆਖਣ ਤਾ ਕਉ ਜਾਈਐ ਜੇ ਭੂਲੜਾ ਹੋਈ॥		Aakhan Thaa Ko Jaaeeai Jae Bhoolarraa Hoee ||	Go ahead and complain to Him, if He makes a mistake.	(ਫਿਰ ਜੋ ਕੁਝ ਉਹ ਪ੍ਰਭੂ ਕਰਦਾ ਹੈ ਠੀਕ ਕਰਦਾ ਹੈ) ਉਹ ਖੁੰਝਿਆ ਹੋਇਆ ਨਹੀਂ ਹੈ, ਇਸ ਵਾਸਤੇ (ਕਿਸੇ ਖੁੰਝਾਈ ਬਾਰੇ) ਉਸ ਨੂੰ ਕੁਝ ਆਖਣ ਜਾਣ ਦੀ ਲੋੜ ਹੀ ਨਹੀਂ ਪੈਂਦੀ।

32838	766	ਜੇ ਹੋਇ ਭੂਲਾ ਜਾਇ ਕਹੀਐ ਆਪਿ ਕਰਤਾ ਕਿਉ ਭੁਲੈ॥		Jae Hoe Bhoolaa Jaae Keheeai Aap Karathaa Kio Bhulai ||	If He makes a mistake, go ahead and complain to Him; but how can the Creator Himself make a mistake?	ਜੇ ਉਹ ਖੁੰਝਿਆ ਹੋਇਆ ਹੋਵੇ ਤਾਂ ਜਾ ਕੇ ਕੁਝ ਆਖੀਏ ਭੀ, ਪਰ ਆਪ ਕਰਤਾਰ ਕੋਈ ਭੁੱਲ ਨਹੀਂ ਕਰ ਸਕਦਾ।
32839	766	ਸੁਣੇ ਦੇਖੇ ਬਾਝੁ ਕਹਿਐ ਦਾਨੁ ਅਣਮੰਗਿਆ ਦਿਵੈ॥		Sunae Dhaekhae Baajh Kehiai Dhaan Anamangiaa Dhivai ||	He sees, He hears, and without our asking, without our begging, He gives His gifts.	ਉਹ ਸਭ ਜੀਵਾਂ ਦੀਆਂ ਅਰਦਾਸਾਂ ਸੁਣਦਾ ਹੈ ਉਹ ਸਭ ਜੀਵਾਂ ਦੇ ਕੀਤੇ ਕੰਮ ਵੇਖਦਾ ਹੈ, ਮੰਗਣ ਤੋਂ ਬਿਨਾ ਹੀ ਸਭ ਨੂੰ ਦਾਨ ਦੇਂਦਾ ਹੈ।
32840	766	ਦਾਨੁ ਦੇਇ ਦਾਤਾ ਜਗਿ ਬਿਧਾਤਾ ਨਾਨਕਾ ਸਚੁ ਸੋਈ॥		Dhaan Dhaee Dhaathaa Jag Bidhhaathaa Naanakaa Sach Soee ||	The Great Giver, the Architect of the Universe, gives His gifts. O Nanak, He is the True Lord.	ਉਹ ਦਾਤਾਰ ਜਗਤ ਵਿਚ ਹਰੇਕ ਜੀਵ ਨੂੰ ਦਾਨ ਦੇਂਦਾ ਹੈ। ਹੇ ਨਾਨਕ! ਉਹ ਸਿਰਜਣਹਾਰ ਹੀ ਸਦਾ-ਥਿਰ ਰਹਿਣ ਵਾਲਾ ਹੈ।
32841	766	ਆਪਿ ਕਰੇ ਕਿਸੁ ਆਖੀਐ ਹੋਰੁ ਕਰੇ ਨ ਕੋਈ॥੪॥੧॥੪॥		Aap Karae Kis Aakheeai Hor Karae N Koee ||4||1||4||	He Himself acts; unto whom should we complain? No one else does anything. ||4||1||4||	ਉਹ ਸਭ ਕੁਝ ਆਪ ਹੀ ਕਰਦਾ ਹੈ, ਕੋਈ ਹੋਰ (ਉਸ ਤੋਂ ਆਕੀ ਹੋ ਕੇ) ਕੁਝ ਨਹੀਂ ਕਰ ਸਕਦਾ। ਕਿਸੇ ਹੋਰ ਦੇ ਪਾਸ ਜਾ ਕੇ ਕੋਈ ਗਿਲਾ ਨਹੀਂ ਕੀਤਾ ਜਾ ਸਕਦਾ ॥੪॥੧॥੪॥
32842	766	ਸੂਹੀ ਮਹਲਾ ੧॥		Soohee Mehalaa 1 ||	Soohee, First Mehl:	

32843	766	ਮੇਰਾ ਮਨੁ ਰਾਤਾ ਗੁਣ ਰਵੈ ਮਨਿ ਭਾਵੈ ਸੋਈ॥		Maeraa Man Raathaa Gun Ravai Man Bhaavai Soee ||	My mind is imbued with His Glorious Praises; I chant them, and He is pleasing to my mind.	(ਪਰਮਾਤਮਾ ਦੇ ਪਿਆਰ ਵਿਚ) ਰੰਗਿਆ ਹੋਇਆ ਮੇਰਾ ਮਨ (ਜਿਉਂ ਜਿਉਂ ਪਰਮਾਤਮਾ ਦੇ) ਗੁਣ ਚੇਤੇ ਕਰਦਾ ਹੈ (ਤਿਉਂ ਤਿਉਂ) ਮੇਰੇ ਮਨ ਵਿਚ ਉਹ ਪਰਮਾਤਮਾ ਹੀ ਪਿਆਰਾ ਲੱਗਦਾ ਜਾ ਰਿਹਾ ਹੈ।
32844	766	ਗੁਰ ਕੀ ਪਉੜੀ ਸਾਚ ਕੀ ਸਾਚਾ ਸੁਖੁ ਹੋਈ॥		Gur Kee Pourree Saach Kee Saachaa Sukh Hoee ||	Truth is the ladder to the Guru; climbing up to the True Lord, peace is obtained.	ਪਰਮਾਤਮਾ ਦੇ ਗੁਣ ਗਾਵਣੇ, ਮਾਨੋ, ਇਕ ਪੌੜੀ ਹੈ ਜੋ ਗੁਰੂ ਨੇ ਦਿੱਤੀ ਹੈ ਤੇ ਇਸ ਪੌੜੀ ਦੀ ਰਾਹੀਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਤਕ ਪਹੁੰਚ ਸਕੀਦਾ ਹੈ, (ਇਸ ਪੌੜੀ ਤੇ ਚੜ੍ਹਨ ਦੀ ਬਰਕਤਿ ਨਾਲ ਮੇਰੇ ਅੰਦਰ) ਸਦਾ-ਥਿਰ ਰਹਿਣ ਵਾਲਾ ਆਨੰਦ ਬਣ ਰਿਹਾ ਹੈ।
32845	766	ਸੁਖਿ ਸਹਜਿ ਆਵੈ ਸਾਚ ਭਾਵੈ ਸਾਚ ਕੀ ਮਤਿ ਕਿਉ ਟਲੈ॥		Sukh Sehaj Aavai Saach Bhaavai Saach Kee Math Kio Ttalai ||	Celestial peace comes; the Truth pleases me. How could these True Teachings ever be erased?	ਜੇਹੜਾ ਮਨੁੱਖ (ਇਸ ਪੌੜੀ ਦੀ ਬਰਕਤਿ ਨਾਲ) ਆਤਮਕ ਆਨੰਦ ਵਿਚ ਆਤਮਕ ਅਡੋਲਤਾ ਵਿਚ ਪਹੁੰਚਦਾ ਹੈ ਉਹ ਸਦਾ-ਥਿਰ ਪ੍ਰਭੂ ਨੂੰ ਪਿਆਰਾ ਲੱਗਦਾ ਹੈ। ਸਦਾ-ਥਿਰ ਪ੍ਰਭੂ ਦੇ ਗੁਣ ਗਾਵਣ ਵਾਲੀ ਉਸ ਦੀ ਮਤਿ ਅਟੱਲ ਹੋ ਜਾਂਦੀ ਹੈ। ਪਰਮਾਤਮਾ ਅਟੱਲ ਹੈ।

32846	766	ਇਸਨਾਨੁ ਦਾਨੁ ਸੁਗਿਆਨੁ ਮਜਨੁ ਆਪਿ ਅਛਲਿਓ ਕਿਉ ਛਲੈ॥	ਪੁਰਬ ਦਾ (ਮੱਜਨੁ)ਇਸ਼ਨਾਨ। ਕਪਟ ਕਰਕੇ(ਅ-ਛਲਿਓ)ਛਲੇ ਨਹੀਂ ਜਾਂਦੇ।	Eisanaan Dhaan Sugiaan Majan Aap Ashhaliou Kio Shhalai ||	He Himself is Undeceivable; how could He ever be deceived by cleansing baths, charity, spiritual wisdom or ritual bathings?	(ਜੇ ਗੁਣ ਗਾਵਣ ਵਾਲੀ ਮਤਿ ਨਹੀਂ ਬਣੀ, ਤਾਂ) ਕੋਈ ਇਸ਼ਨਾਨ, ਕੋਈ ਦਾਨ, ਕੋਈ ਚੁੰਚ-ਗਿਆਨਤਾ, ਤੇ ਕੋਈ ਤੀਰਥ-ਇਸ਼ਨਾਨ ਪਰਮਾਤਮਾ ਨੂੰ ਖ਼ੁਸ਼ ਨਹੀਂ ਕਰ ਸਕਦਾ।
32847	766	ਪਰਪੰਚ ਮੋਹ ਬਿਕਾਰ ਥਾਕੇ ਕੂੜੁ ਕਪਟੁ ਨ ਦੋਈ॥		Parapanch Moh Bikaar Thhaakae Koorr Kapatt N Dhoee ||	Fraud, attachment and corruption are taken away, as are falsehood, hypocrisy and duality.	(ਗੁਣ ਗਾਵਣ ਵਾਲੇ ਮਨੁੱਖ ਦੇ ਮਨ ਵਿਚੋਂ) ਧੋਖੇ-ਫ਼ਰੇਬ, ਮੋਹ ਦੇ ਚਮਤ-ਕਾਰੇ, ਵਿਕਾਰ ਆਦਿਕ ਸਭ ਮੁੱਕ ਜਾਂਦੇ ਹਨ। ਉਸ ਦੇ ਅੰਦਰ ਨਾਹ ਝੂਠ ਰਹਿ ਜਾਂਦਾ ਹੈ, ਨਾਹ ਠੱਗੀ ਰਹਿੰਦੀ ਹੈ, ਨਾਹ ਮੇਰ-ਤੇਰ ਰਹਿੰਦੀ ਹੈ।
32848	766	ਮੇਰਾ ਮਨੁ ਰਾਤਾ ਗੁਣ ਰਵੈ ਮਨਿ ਭਾਵੈ ਸੋਈ॥੧॥		Maeraa Man Raathaa Gun Ravai Man Bhaavai Soee ||1||	My mind is imbued with His Glorious Praises; I chant them, and He is pleasing to my mind. ||1||	(ਪ੍ਰਭੂ ਦੇ ਪਿਆਰ ਵਿਚ) ਰੰਗਿਆ ਹੋਇਆ ਮੇਰਾ ਮਨ (ਜਿਉਂ ਜਿਉਂ ਪ੍ਰਭੂ ਦੇ) ਗੁਣ ਗਾਂਵਦਾ ਹੈ (ਤਿਉਂ ਤਿਉਂ) ਮੇਰੇ ਮਨ ਵਿਚ ਉਹ ਪ੍ਰਭੂ ਹੀ ਪਿਆਰਾ ਲੱਗਦਾ ਜਾ ਰਿਹਾ ਹੈ ॥੧॥
32849	766	ਸਾਹਿਬੁ ਸੋ ਸਾਲਾਹੀਐ ਜਿਨਿ ਕਾਰਣੁ ਕੀਆ॥		Saahib So Saalaaheeai Jin Kaaran Keeaa ||	So praise your Lord and Master, who created the creation.	ਉਸ ਮਾਲਕ-ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ ਜਿਸ ਨੇ ਜਗਤ ਪੈਦਾ ਕੀਤਾ ਹੈ।

32850	766	ਮੈਲੁ ਲਾਗੀ ਮਨਿ ਮੈਲਿਐ ਕਿਨੈ ਅੰਮ੍ਰਿਤੁ ਪੀਆ॥		Mail Laagee Man Mailiai Kinai Anmrith Peeaa ||	Filth sticks to the polluted mind; how rare are those who drink in the Ambrosial Nectar.	(ਸਿਫ਼ਤਿ-ਸਾਲਾਹ ਕਰਨ ਤੋਂ ਬਿਨਾ ਮਨੁੱਖ ਦੇ ਮਨ ਵਿਚ ਵਿਕਾਰਾਂ ਦੀ) ਮੈਲ ਲੱਗੀ ਰਹਿੰਦੀ ਹੈ, ਤੇ, ਜੇ ਮਨ (ਵਿਕਾਰਾਂ ਨਾਲ) ਮੈਲਾ ਟਿਕਿਆ ਰਹੇ ਤਾਂ ਕੋਈ ਭੀ ਨਾਮ-ਅੰਮ੍ਰਿਤ ਪੀ ਨਹੀਂ ਸਕਦਾ।
32851	766	ਮਥਿ ਅੰਮ੍ਰਿਤੁ ਪੀਆ ਇਹੁ ਮਨੁ ਦੀਆ ਗੁਰ ਪਹਿ ਮੋਲੁ ਕਰਾਇਆ॥		Mathh Anmrith Peeaa Eihu Man Dheeaa Gur Pehi Mol Karaaeiaa ||	Churn this Ambrosial Nectar, and drink it in; dedicate this mind to the Guru, and He will value it highly.	(ਪਰ ਇਸ ਨਾਮ-ਅੰਮ੍ਰਿਤ ਦੀ ਪ੍ਰਾਪਤੀ ਵਾਸਤੇ ਭੀ ਮੁੱਲ ਦੇਣਾ ਪੈਂਦਾ ਹੈ) ਮੈਂ ਗੁਰੂ ਪਾਸੋਂ ਮੁੱਲ ਪੁਆਇਆ (ਤਾਂ ਉਸਨੇ ਦੱਸਿਆ ਕਿ) ਜਿਸ ਨੇ ਆਪਣਾ ਇਹ ਮਨ (ਗੁਰੂ ਦੇ) ਹਵਾਲੇ ਕੀਤਾ ਉਸ ਨੇ ਮੁੜ ਮੁੜ ਸਿਮਰ ਕੇ ਨਾਮ-ਅੰਮ੍ਰਿਤ ਪੀ ਲਿਆ।
32852	766	ਆਪਨੜਾ ਪ੍ਰਭੁ ਸਹਜਿ ਪਛਾਤਾ ਜਾ ਮਨੁ ਸਾਚੈ ਲਾਇਆ॥		Aapanarraa Prabh Sehaj Pashhaathaa Jaa Man Saachai Laaeiaa ||	I intuitively realized my God, when I linked my mind to the True Lord.	(ਗੁਰੂ ਦੇ ਦੱਸੇ ਰਾਹ ਤੇ ਤੁਰ ਕੇ) ਜਦੋਂ ਕਿਸੇ ਮਨੁੱਖ ਨੇ ਆਪਣਾ ਮਨ (ਮੈਲੇ ਪਾਸੇ ਵਲੋਂ ਹਟਾ ਕੇ) ਸਦਾ-ਥਿਰ ਪ੍ਰਭੂ ਵਿਚ ਜੋੜਿਆ ਤਾਂ ਉਸ ਨੇ ਆਤਮਕ ਅਡੋਲਤਾ ਵਿਚ ਟਿਕ ਕੇ ਆਪਣੇ ਪ੍ਰੀਤਮ ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ।

32853	766	ਤਿਸੁ ਨਾਲਿ ਗੁਣ ਗਾਵਾ ਜੇ ਤਿਸੁ ਭਾਵਾ ਕਿਉ ਮਿਲੈ ਹੋਇ ਪਰਾਇਆ॥		This Naal Gun Gaavaa Jae This Bhaavaa Kio Milai Hoe Paraaeiaa ||	I will sing the Lord's Glorious Praises with Him, if it pleases Him; how could I meet Him by being a stranger to Him?	(ਪਰ) ਮੈਂ ਤਦੋਂ ਹੀ ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਪ੍ਰਭੂ ਦੇ ਗੁਣ ਗਾ ਸਕਦਾ ਹਾਂ ਜੇ ਪ੍ਰਭੂ ਦੀ ਰਜ਼ਾ ਹੀ ਹੋਵੇ (ਜੇ ਉਸ ਨੂੰ ਮੈਂ ਚੰਗਾ ਲੱਗ ਪਵਾਂ)। ਪ੍ਰਭੂ ਤੋਂ ਓਪਰੇ ਓਪਰੇ ਰਿਹਾਂ ਪ੍ਰਭੂ ਨਾਲ ਮਿਲਾਪ ਨਹੀਂ ਹੋ ਸਕਦਾ।
32854	766	ਸਾਹਿਬੁ ਸੋ ਸਾਲਾਹੀਐ ਜਿਨਿ ਜਗਤੁ ਉਪਾਇਆ॥੨॥	ਜੱਗਤੁ	Saahib So Saalaaheeai Jin Jagath Oupaaeiaa ||2||	So praise your Lord and Master, who created the creation. ||2||	(ਸੋ, ਹੇ ਭਾਈ!) ਉਸ ਮਾਲਕ-ਪ੍ਰਭੂ ਦੀ (ਸਦਾ) ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ ਜਿਸ ਨੇ (ਇਹ) ਜਗਤ ਪੈਦਾ ਕੀਤਾ ਹੈ ॥੨॥
32855	766	ਆਇ ਗਇਆ ਕੀ ਨ ਆਇਓ ਕਿਉ ਆਵੈ ਜਾਤਾ॥	ਜਦੋਂ ਰਿਦੇ ਚ ਆ ਗਏ. ਫੇਰ ਕਿਹੜਾ ਪਦਾਰਥ ਨਹੀਂ ਆਇਆ ਭਾਵ ਸਾਰੇ ਆ ਗਏ, ਇਕ ਵਾਰੀ ਆ ਕੇ, ਕਿਉਂ ਜਾਣ? ਭਾਵ ਨਹੀਂ ਜਾਤਾਜਾਂਦੇ	Aae Gaeiaa Kee N Aaeiou Kio Aavai Jaathaa ||	When He comes, what else remains behind? How can there be any coming or going then?	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਆ ਵੱਸੇ, ਉਸ ਨੂੰ ਹੋਰ ਕਿਸੇ ਪਦਾਰਥ ਦੀ ਲਾਲਸਾ ਨਹੀਂ ਰਹਿ ਜਾਂਦੀ, ਉਸ ਦਾ ਜਨਮ ਮਰਨ ਮੁੱਕ ਜਾਂਦਾ ਹੈ।
32856	766	ਪ੍ਰੀਤਮ ਸਿਉ ਮਨੁ ਮਾਨਿਆ ਹਰਿ ਸੇਤੀ ਰਾਤਾ॥		Preetham Sio Man Maaniaa Har Saethee Raathaa ||	When the mind is reconciled with its Beloved Lord, it is blended with Him.	ਉਸ ਦਾ ਮਨ ਪ੍ਰੀਤਮ ਪ੍ਰਭੂ ਨਾਲ ਗਿੱਝ ਜਾਂਦਾ ਹੈ, ਪ੍ਰਭੂ ਦੇ ਪ੍ਰੇਮ ਨਾਲ ਰੰਗਿਆ ਜਾਂਦਾ ਹੈ।

32857	766	ਸਾਹਿਬ ਰੰਗਿ ਰਾਤਾ ਸਚ ਕੀ ਬਾਤਾ ਜਿਨਿ ਬਿੰਬ ਕਾ ਕੋਟੁ ਉਸਾਰਿਆ॥		Saahib Rang Raathaa Sach Kee Baathaa Jin Binb Kaa Kott Ousaariaa ||	True is the speech of one who is imbued with the Love of his Lord and Master, who fashioned the body fortress from a mere bubble.	ਉਸ ਦਾ ਮਨ ਉਸ ਮਾਲਕ ਦੇ ਰੰਗ ਵਿਚ ਰੰਗਿਆ ਜਾਂਦਾ ਹੈ, ਉਹ ਉਸ ਸਦਾ-ਥਿਰ ਮਾਲਕ ਦੀਆਂ ਸਿਫ਼ਤਿ-ਸਾਲਾਹ ਦੀਆਂ ਗੱਲਾਂ ਕਰਦਾ ਰਹਿੰਦਾ ਹੈ ਜਿਸ ਨੇ ਪਾਣੀ ਦੀ ਬੂੰਦ ਤੋਂ ਸਰੀਰ-ਕਿਲ੍ਹਾ ਉਸਾਰ ਦਿੱਤਾ ਹੈ,
32858	766	ਪੰਚ ਭੂ ਨਾਇਕੋ ਆਪਿ ਸਿਰੰਦਾ ਜਿਨਿ ਸਚ ਕਾ ਪਿੰਡੁ ਸਵਾਰਿਆ॥	(ਪੰਚ)ਨਿਰਗੁਨ ਬ੍ਰਹਮ। ਸਭ ਦੇ ਵਸਣ ਦੇ (ਭੂ)ਅਸਥਾਨ, ਟਿਕਾਣੇ। (ਨਾਇਕੋ)ਸ਼੍ਰੋਮਣੀ, ਪ੍ਰੇਰਕ। (ਸਿਰੰਦਾ)ਰਚਨ ਵਾਲੇ। ਬ੍ਰਹਮੰਡ ਰੂਪੀ (ਪਿੰਡ)	Panch Bhoo Naaeiko Aap Sirandhaa Jin Sach Kaa Pindd Savaariaa ||	He is the Master of the five elements; He Himself is the Creator Lord. He embellished the body with Truth.	ਜੋ ਪੰਜਾਂ ਤੱਤਾਂ ਦਾ ਮਾਲਕ ਹੈ, ਜੋ ਆਪ ਹੀ (ਸਰੀਰ ਜਗਤ ਦਾ) ਪੈਦਾ ਕਰਨ ਵਾਲਾ ਹੈ, ਜਿਸ ਨੇ ਆਪਣੇ ਰਹਿਣ ਲਈ ਮਨੁੱਖ ਦਾ ਸਰੀਰ ਸਜਾਇਆ ਹੈ।
32859	766	ਹਮ ਅਵਗਣਿਆਰੇ ਤੂ ਸੁਣਿ ਪਿਆਰੇ ਤੁਧੁ ਭਾਵੈ ਸਚੁ ਸੋਈ॥		Ham Avaganiaarae Thoo Sun Piaarae Thudhh Bhaavai Sach Soee ||	I am worthless; please hear me, O my Beloved! Whatever pleases You is True.	ਹੇ ਪਿਆਰੇ ਪ੍ਰਭੂ! ਤੂੰ (ਮੇਰੀ ਬੇਨਤੀ) ਸੁਣ। ਅਸੀਂ ਜੀਵ ਔਗੁਣਾਂ ਨਾਲ ਭਰੇ ਹੋਏ ਹਾਂ (ਤੂੰ ਆਪ ਹੀ ਆਪਣੀ ਸਿਫ਼ਤਿ-ਸਾਲਾਹ ਦੀ ਦਾਤ ਦੇ ਕੇ ਸਾਨੂੰ ਪਵਿਤ੍ਰ ਕਰਨ ਵਾਲਾ ਹੈਂ) ਜੇਹੜਾ ਜੀਵ (ਤੇਰੀ ਮੇਹਰ ਨਾਲ) ਤੈਨੂੰ ਪਸੰਦ ਆ ਜਾਂਦਾ ਹੈ ਉਹ ਤੇਰਾ ਹੀ ਰੂਪ ਹੋ ਜਾਂਦਾ ਹੈ।

32860	766	ਆਵਣ ਜਾਣਾ ਨਾ ਥੀਐ ਸਾਚੀ ਮਤਿ ਹੋਈ॥੩॥		Aavan Jaanaa Naa Thheeai Saachee Math Hoee ||3||	One who is blessed with true understanding, does not come and go. ||3||	ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ, ਉਸ ਦੀ ਮਤਿ ਅਭੁੱਲ ਹੋ ਜਾਂਦੀ ਹੈ ॥੩॥
32861	766	ਅੰਜਨੁ ਤੈਸਾ ਅੰਜੀਐ ਜੈਸਾ ਪਿਰ ਭਾਵੈ॥		Anjan Thaisaa Anjeeai Jaisaa Pir Bhaavai ||	Apply such an ointment to your eyes, which is pleasing to your Beloved.	ਇਸਤ੍ਰੀ ਨੂੰ ਉਹੋ ਜਿਹਾ ਸੁਰਮਾ ਪਾਣਾ ਚਾਹੀਦਾ ਹੈ ਜਿਹੋ ਜਿਹਾ ਉਸ ਦੇ ਪਤੀ ਨੂੰ ਚੰਗਾ ਲੱਗੇ (ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਦੇ ਮਿਲਾਪ ਵਾਸਤੇ ਉਹੋ ਜਿਹਾ ਉੱਦਮ ਕਰਨਾ ਚਾਹੀਦਾ ਹੈ ਜੇਹੜਾ ਪ੍ਰਭੂ-ਪਤੀ ਨੂੰ ਪਸੰਦ ਆਵੇ)।
32862	766	ਸਮਝੈ ਸੂਝੈ ਜਾਣੀਐ ਜੇ ਆਪਿ ਜਾਣਾਵੈ॥		Samajhai Soojhai Jaaneeai Jae Aap Jaanaavai ||	I realize, understand and know Him, only if He Himself causes me to know Him.	(ਪਰ ਜੀਵ ਦੇ ਕੀਹ ਵੱਸ ਹੈ?) ਜਦੋਂ ਪਰਮਾਤਮਾ ਆਪ ਸਮਝ ਬਖ਼ਸ਼ੇ, ਤਦੋਂ ਹੀ ਜੀਵ (ਸਹੀ ਰਸਤਾ) ਸਮਝ ਸਕਦਾ ਹੈ, ਤਦੋਂ ਹੀ ਜੀਵ ਨੂੰ ਸੂਝ ਆ ਸਕਦੀ ਹੈ, ਤਦੋਂ ਹੀ ਕੁਝ ਜਾਣਿਆ ਜਾ ਸਕਦਾ ਹੈ।
32863	766	ਆਪਿ ਜਾਣਾਵੈ ਮਾਰਗਿ ਪਾਵੈ ਆਪੇ ਮਨੂਆ ਲੇਵਏ॥	ਲੇਵਏ	Aap Jaanaavai Maarag Paavai Aapae Manooaa Laeveae ||	He Himself shows me the Way, and He Himself leads me to it, attracting my mind.	ਪਰਮਾਤਮਾ ਆਪ ਹੀ ਸਮਝ ਦੇਂਦਾ ਹੈ, ਆਪ ਹੀ ਸਹੀ ਰਸਤੇ ਉਤੇ ਪਾਂਦਾ ਹੈ ਆਪ ਹੀ ਜੀਵ ਦੇ ਮਨ ਨੂੰ ਆਪਣੇ ਵਲ ਪ੍ਰੇਰਦਾ ਹੈ।

32864	766	ਕਰਮ ਸੁਕਰਮ ਕਰਾਏ ਆਪੇ ਕੀਮਤਿ ਕਉਣ ਅਭੇਵਏ॥	ਸਭ ਦੇ ਅੰਦਰ ਬਾਹਰ (ਅਭੇ-ਵਏ) ਇੱਕਮਿੱਕ ਵਿਆਪਕ। ਸੁ-ਕਰਮ	Karam Sukaram Karaaeae Aapae Keemath Koun Abhaeveae ||	He Himself causes us to do good and bad deeds; who can know the value of the Mysterious Lord?	ਸਾਧਾਰਨ ਕੰਮ ਤੇ ਚੰਗੇ ਕੰਮ ਪਰਮਾਤਮਾ ਆਪ ਹੀ ਜੀਵ ਪਾਸੋਂ ਕਰਾਂਦਾ ਹੈ; ਪਰ ਉਸ ਪ੍ਰਭੂ ਦਾ ਭੇਤ ਨਹੀਂ ਪਾਇਆ ਜਾ ਸਕਦਾ, ਕੋਈ ਉਸ ਦੀ ਕੀਮਤ ਨਹੀਂ ਜਾਣ ਸਕਦਾ।
32865	766	ਤੰਤੁ ਮੰਤੁ ਪਾਖੰਡੁ ਨ ਜਾਣਾ ਰਾਮੁ ਰਿਦੈ ਮਨੁ ਮਾਨਿਆ॥		Thanth Manth Paakhandd N Jaanaa Raam Ridhai Man Maaniaa ||	I know nothing of Tantric spells, magical mantras and hypocritical rituals; enshrining the Lord within my heart, my mind is satisfied.	(ਪਰਮਾਤਮਾ ਦਾ ਪਿਆਰ ਪ੍ਰਾਪਤ ਕਰਨ ਲਈ) ਮੈਂ ਕੋਈ ਜਾਦੂ-ਟੂਣਾ ਕੋਈ ਮੰਤ੍ਰ ਆਦਿਕ ਪਖੰਡ ਕਰਨਾ ਨਹੀਂ ਜਾਣਦੀ। ਮੈਂ ਤਾਂ ਕੇਵਲ ਉਸ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਇਆ ਹੈ, ਮੇਰਾ ਮਨ ਉਸ ਦੀ ਯਾਦ ਵਿਚ ਗਿੱਝ ਗਿਆ ਹੈ।
32866	766	ਅੰਜਨੁ ਨਾਮੁ ਤਿਸੈ ਤੇ ਸੂਝੈ ਗੁਰ ਸਬਦੀ ਸਚੁ ਜਾਨਿਆ॥੪॥		Anjan Naam Thisai Thae Soojhai Gur Sabadhee Sach Jaaniaa ||4||	The ointment of the Naam, the Name of the Lord, is only understood by one who realizes the Lord, through the Word of the Guru's Shabad. ||4||	ਪ੍ਰਭੂ-ਪਤੀ ਨੂੰ ਪ੍ਰਸੰਨ ਕਰਨ ਵਾਸਤੇ ਉਸ ਦਾ ਨਾਮ ਹੀ ਸੁਰਮਾ ਹੈ, ਇਸ ਸੁਰਮੇ ਦੀ ਸੂਝ ਭੀ ਉਸੇ ਪਾਸੋਂ ਮਿਲਦੀ ਹੈ। (ਜਿਸ ਜੀਵ ਨੂੰ ਇਹ ਸੂਝ ਪੈ ਜਾਂਦੀ ਹੈ ਉਹ) ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਸਦਾ-ਥਿਰ ਪ੍ਰਭੂ ਨਾਲ ਡੂੰਘੀ ਸਾਂਝ ਪਾ ਲੈਂਦੀ ਹੈ ॥੪॥

32867	766	ਸਾਜਨ ਹੋਵਨਿ ਆਪਣੇ ਕਿਉ ਪਰ ਘਰ ਜਾਹੀ॥		Saajan Hovan Aapanae Kio Par Ghar Jaahee ||	I have my own friends; why should I go to the home of a stranger?	ਸੱਜਣ-ਪ੍ਰਭੂ ਜੀ (ਜਿਨ੍ਹਾਂ ਸੁਭਾਗ ਬੰਦਿਆਂ ਦੇ) ਆਪਣੇ ਬਣ ਜਾਂਦੇ ਹਨ, ਉਹ ਬੰਦੇ ਪਰਾਏ ਘਰਾਂ ਵਿਚ ਨਹੀਂ ਜਾਂਦੇ (ਭਾਵ, ਪ੍ਰਭੂ ਦਾ ਸਿਮਰਨ ਛੱਡ ਕੇ ਹੋਰ ਹੋਰ ਅਖਾਉਤੀ ਧਰਮ-ਕਰਮ ਨਹੀਂ ਕਰਦੇ ਫਿਰਦੇ)।
32868	766	ਸਾਜਨ ਰਾਤੇ ਸਚ ਕੇ ਸੰਗੇ ਮਨ ਮਾਹੀ॥		Saajan Raathae Sach Kae Sangae Man Maahee ||	My friends are imbued with the True Lord; He is with them, in their minds.	ਉਹ ਆਦਮੀ ਅੰਤਰ ਆਤਮੇ ਸਦਾ-ਥਿਰ ਸੱਜਣ-ਪ੍ਰਭੂ ਦੇ ਨਾਲ ਰੱਤੇ ਰਹਿੰਦੇ ਹਨ।
32869	766	ਮਨ ਮਾਹਿ ਸਾਜਨ ਕਰਹਿ ਰਲੀਆ ਕਰਮ ਧਰਮ ਸਬਾਇਆ॥		Man Maahi Saajan Karehi Raleeaa Karam Dhharam Sabaaeiaa ||	In their minds, these friends celebrate in happiness; all good karma, righteousness and Dharma,	ਉਹ ਆਪਣੇ ਮਨ ਵਿਚ ਸੱਜਣ-ਪ੍ਰਭੂ ਜੀ ਦੇ ਮਿਲਾਪ ਦਾ ਆਨੰਦ ਹੀ ਮਾਣਦੇ ਹਨ, ਇਹੀ ਉਹਨਾਂ ਵਾਸਤੇ ਸਾਰੇ ਧਾਰਮਿਕ ਕੰਮ ਹਨ।
32870	767	ਅਠਸਠਿ ਤੀਰਥ ਪੁੰਨ ਪੂਜਾ ਨਾਮੁ ਸਾਚਾ ਭਾਇਆ॥		Athasath Theerathh Punn Poojaa Naam Saachaa Bhaaeiaa ||	The sixty-eight holy places of pilgrimage, charity and worship, are found in the love of the True Name.	ਉਹਨਾਂ ਨੂੰ ਸਦਾ-ਥਿਰ ਪ੍ਰਭੂ ਦਾ ਨਾਮ ਪਿਆਰਾ ਲੱਗਦਾ ਹੈ-ਇਹੀ ਉਹਨਾਂ ਵਾਸਤੇ ਅਠਾਹਠ ਤੀਰਥਾਂ ਦਾ ਇਸ਼ਨਾਨ ਹੈ, ਇਹੀ ਉਹਨਾਂ ਵਾਸਤੇ ਪੁੰਨ-ਦਾਨ ਹੈ ਤੇ ਇਹੀ ਉਹਨਾਂ ਦੀ ਦੇਵ-ਪੂਜਾ ਹੈ।
32871	767	ਆਪਿ ਸਾਜੇ ਥਾਪਿ ਵੇਖੈ ਤਿਸੈ ਭਾਣਾ ਭਾਇਆ॥		Aap Saajae Thhaap Vaekhai Thisai Bhaanaa Bhaaeiaa ||	He Himself creates, establishes and beholds all, by the Pleasure of His Will.	ਉਹਨਾਂ ਬੰਦਿਆਂ ਨੂੰ ਉਸੇ ਪ੍ਰਭੂ ਦੀ ਰਜ਼ਾ ਮਿੱਠੀ ਲੱਗਦੀ ਹੈ ਜੋ ਆਪ (ਜਗਤ ਨੂੰ) ਪੈਦਾ ਕਰਦਾ ਹੈ ਤੇ ਪੈਦਾ ਕਰ ਕੇ ਸੰਭਾਲ ਕਰਦਾ ਹੈ।

32872	767	ਸਾਜਨ ਰਾਂਗਿ ਰੰਗੀਲੜੇ ਰੰਗੁ ਲਾਲੁ ਬਣਾਇਆ॥੫॥		Saajan Raang Rangeelarrae Rang Laal Banaaeiaa ||5||	My friends are happy in the Love of the Lord; they nurture love for their Beloved. ||5||	ਸੱਜਣ-ਪ੍ਰਭੂ ਦੇ ਰੰਗ ਵਿਚ ਰੰਗੇ ਹੋਏ ਉਹਨਾਂ ਬੰਦਿਆਂ ਨੇ ਆਪਣੇ ਅੰਦਰ ਪ੍ਰਭੂ-ਪ੍ਰੇਮ ਦਾ ਲਾਲ ਰੰਗ ਬਣਾ ਰੱਖਿਆ ਹੈ ॥੫॥
32873	767	ਅੰਧਾ ਆਗੂ ਜੇ ਥੀਐ ਕਿਉ ਪਾਧਰੁ ਜਾਣੈ॥		Andhhaa Aagoo Jae Thheeai Kio Paadhhar Jaanai ||	If a blind man is made the leader, how will he know the way?	ਜੇ ਕਿਸੇ ਮਨੁੱਖ ਦਾ ਆਗੂ ਉਹ ਮਨੁੱਖ ਬਣ ਜਾਏ ਜੋ ਆਪ ਹੀ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਪਿਆ ਹੈ, ਤਾਂ ਉਹ ਜੀਵਨ-ਸਫ਼ਰ ਦਾ ਸਿੱਧਾ ਰਸਤਾ ਨਹੀਂ ਸਮਝ ਸਕਦਾ,
32874	767	ਆਪਿ ਮੁਸੈ ਮਤਿ ਹੋਛੀਐ ਕਿਉ ਰਾਹੁ ਪਛਾਣੈ॥	ਮੁੱਸੈ	Aap Musai Math Hoshheeai Kio Raahu Pashhaanai ||	He is impaired, and his understanding is inadequate; how will he know the way?	ਕਿਉਂਕਿ ਉਹ ਆਗੂ ਅਪ ਹੀ ਹੋਛੀ ਅਕਲ ਦੇ ਕਾਰਨ (ਕਾਮਾਦਿਕ ਵਿਕਾਰਾਂ ਦੇ ਹੱਥੋਂ) ਲੁਟਿਆ ਜਾ ਰਿਹਾ ਹੈ (ਉਸ ਦੀ ਅਗਵਾਈ ਵਿਚ ਤੁਰਨ ਵਾਲਾ ਵੀ) ਕਿਵੇਂ ਰਾਹ ਲੱਭ ਸਕਦਾ ਹੈ?
32875	767	ਕਿਉ ਰਾਹਿ ਜਾਵੈ ਮਹਲੁ ਪਾਵੈ ਅੰਧ ਕੀ ਮਤਿ ਅੰਧਲੀ॥		Kio Raahi Jaavai Mehal Paavai Andhh Kee Math Andhhalee ||	How can he follow the path and reach the Mansion of the Lord's Presence? Blind is the understanding of the blind.	ਮਾਇਆ-ਮੋਹ ਵਿਚ ਅੰਨ੍ਹੇ ਹੋਏ ਮਨੁੱਖ ਦੀ ਆਪਣੀ ਹੀ ਅਕਲ ਡੌਰੀ-ਭੌਰੀ ਹੋਈ ਹੁੰਦੀ ਹੈ, ਉਹ ਆਪ ਹੀ ਸਹੀ ਰਸਤੇ ਉਤੇ ਤੁਰ ਨਹੀਂ ਸਕਦਾ, ਤੇ ਪਰਮਾਤਮਾ ਦਾ ਦਰ ਲੱਭ ਨਹੀਂ ਸਕਦਾ;

32876	767	ਵਿਣੁ ਨਾਮ ਹਰਿ ਕੇ ਕਛੁ ਨ ਸੂਝੈ ਅੰਧੁ ਬੂਡੌ ਧੰਧਲੀ॥		Vin Naam Har Kae Kashh N Soojhai Andhh Boodda Dhhandhhalee ||	Without the Lord's Name, they cannot see anything; the blind are drowned in worldly entanglements.	ਪਰਮਾਤਮਾ ਦੇ ਨਾਮ ਤੋਂ ਵਾਂਜੇ ਹੋਣ ਕਰਕੇ ਉਸ ਨੂੰ (ਸਹੀ ਜੀਵਨ ਬਾਰੇ) ਕੁਝ ਨਹੀਂ ਸੁੱਝਦਾ, ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮਨੁੱਖ ਮਾਇਆ ਦੀ ਦੌੜ-ਭੱਜ ਵਿਚ ਡੁੱਬਾ ਰਹਿੰਦਾ ਹੈ।
32877	767	ਦਿਨੁ ਰਾਤਿ ਚਾਨਣੁ ਚਾਉ ਉਪਜੈ ਸਬਦੁ ਗੁਰ ਕਾ ਮਨਿ ਵਸੈ॥		Dhin Raath Chaanan Chaao Oupajai Sabadh Gur Kaa Man Vasai ||	Day and night, the Divine Light shines forth and joy wells up, when the Word of the Guru's Shabad abides in the mind.	ਪਰ ਜਿਸ ਮਨੁੱਖ ਦੇ ਮਨ ਵਿਚ ਗੁਰੂ ਦਾ ਸ਼ਬਦ ਵੱਸਦਾ ਹੈ, ਉਸ ਦੇ ਹਿਰਦੇ ਵਿਚ ਦਿਨ ਰਾਤ ਨਾਮ ਦਾ ਚਾਨਣ ਹੋਇਆ ਰਹਿੰਦਾ ਹੈ, ਉਸ ਦੇ ਅੰਦਰ (ਸੇਵਾ-ਸਿਮਰਨ ਦਾ) ਉਤਸ਼ਾਹ ਪੈਦਾ ਹੋਇਆ ਰਹਿੰਦਾ ਹੈ।
32878	767	ਕਰ ਜੋੜਿ ਗੁਰ ਪਹਿ ਕਰਿ ਬਿਨੰਤੀ ਰਾਹੁ ਪਾਧਰੁ ਗੁਰੁ ਦਸੈ॥੬॥	ਦੱਸੈ। ਬਿ-ਨੰਤੀ	Kar Jorr Gur Pehi Kar Binanthee Raahu Paadhhar Gur Dhasai ||6||	With your palms pressed together, pray to the Guru to show you the way. ||6||	ਉਹ ਆਪਣੇ ਦੋਵੇਂ ਹੱਥ ਜੋੜ ਕੇ ਗੁਰੂ ਦੇ ਪਾਸ ਬੇਨਤੀ ਕਰਦਾ ਰਹਿੰਦਾ ਹੈ ਕਿਉਂਕਿ ਗੁਰੂ ਉਸ ਨੂੰ ਜੀਵਨ ਦਾ ਸਿੱਧਾ ਰਸਤਾ ਦੱਸਦਾ ਹੈ ॥੬॥
32879	767	ਮਨੁ ਪਰਦੇਸੀ ਜੇ ਥੀਐ ਸਭੁ ਦੇਸੁ ਪਰਾਇਆ॥		Man Paradhaesee Jae Thheeai Sabh Dhaes Paraaeiaa ||	If the man becomes a stranger to God, then all the world becomes a stranger to him.	ਜੇ ਮਨੁੱਖ ਦਾ ਮਨ ਪ੍ਰਭੂ-ਚਰਨਾਂ ਤੋਂ ਵਿਛੁੜਿਆ ਰਹੇ ਤਾਂ ਉਸ ਨੂੰ ਸਾਰਾ ਜਗਤ ਬਿਗਾਨਾ ਜਾਪਦਾ ਹੈ (ਭਾਵ, ਉਸ ਦੇ ਅੰਦਰ ਵਿਤਕਰਾ ਬਣਿਆ ਰਹਿੰਦਾ ਹੈ)।

32880	767	ਕਿਸੁ ਪਹਿ ਖੋਲ੍ਹਉ ਗੰਠੜੀ ਦੂਖੀ ਭਰਿ ਆਇਆ॥		Kis Pehi Kholho Gantharree Dhookhee Bhar Aaeiaa ||	Unto whom should I tie up and give the bundle of my pains?	(ਪ੍ਰਭੂ-ਚਰਨਾਂ ਤੋਂ ਵਿਛੁੜ ਕੇ) ਸਾਰਾ ਜਗਤ ਹੀ (ਭਾਵ, ਹਰੇਕ ਜੀਵ) ਦੁੱਖਾਂ ਨਾਲ (ਨਕਾ-ਨਕ) ਭਰਿਆ ਰਹਿੰਦਾ ਹੈ (ਉਹਨਾਂ ਵਿਚ ਮੈਨੂੰ ਕੋਈ ਐਸਾ ਨਹੀਂ ਦਿੱਸਦਾ ਜੋ ਨਾਮ ਤੋਂ ਵਾਂਜਿਆ ਰਹਿ ਕੇ ਸੁਖੀ ਦਿੱਸਦਾ ਹੋਵੇ, ਤੇ) ਜਿਸ ਅੱਗੇ ਮੈਂ ਆਪਣੇ ਦੁੱਖਾਂ ਦੀ ਗੰਢ ਖੋਹਲ ਸਕਾਂ (ਹਰੇਕ ਨੂੰ ਆਪੋ-ਧਾਪ ਪਈ ਰਹਿੰਦੀ ਹੈ)।
32881	767	ਦੂਖੀ ਭਰਿ ਆਇਆ ਜਗਤੁ ਸਬਾਇਆ ਕਉਣੁ ਜਾਣੈ ਬਿਧਿ ਮੇਰੀਆ॥	ਜੱਗਤੁ	Dhookhee Bhar Aaeiaa Jagath Sabaaeiaa Koun Jaanai Bidhh Maereeaa ||	The whole world is overflowing with pain and suffering; who can know the state of my inner self?	(ਪ੍ਰਭੂ-ਚਰਨਾਂ ਤੋਂ ਵਿਛੁੜਿਆ ਹੋਇਆ) ਸਾਰਾ ਹੀ ਜਗਤ (ਹਰੇਕ ਜੀਵ) ਦੁੱਖਾਂ ਨਾਲ ਭਰਿਆ ਰਹਿੰਦਾ ਹੈ (ਹਰੇਕ ਦੇ ਅੰਦਰ ਇਤਨਾ ਸੁਆਰਥ ਹੁੰਦਾ ਹੈ ਕਿ ਕੋਈ ਕਿਸੇ ਦਾ ਦਰਦੀ ਨਹੀਂ ਬਣਦਾ), ਮੇਰੀ ਦੁੱਖੀ ਦਸ਼ਾ ਨੂੰ ਜਾਣਨ ਦੀ ਕੋਈ ਵੀ ਪਰਵਾਹ ਨਹੀਂ ਕਰਦਾ।
32882	767	ਆਵਣੇ ਜਾਵਣੇ ਖਰੇ ਡਰਾਵਣੇ ਤੋਟਿ ਨ ਆਵੈ ਫੇਰੀਆ॥		Aavanae Jaavanae Kharae Ddaraavanae Thott N Aavai Faereeaa ||	Comings and goings are terrible and dreadful; there is no end to the rounds of reincarnation.	(ਨਾਮ ਤੋਂ ਖੁੰਝੇ ਹੋਏ ਜੀਵਾਂ ਦੇ ਸਿਰ ਉਤੇ) ਬਹੁਤ ਭਿਆਨਕ ਜਨਮ ਮਰਨ (ਦੇ ਗੇੜ) ਬਣੇ ਰਹਿੰਦੇ ਹਨ, ਉਹਨਾਂ ਦੀਆਂ ਜਨਮ ਮਰਨ ਦੀਆਂ ਜਗਤ-ਫੇਰੀਆਂ ਮੁੱਕਦੀਆਂ ਨਹੀਂ।

32883	767	ਨਾਮ ਵਿਹੂਣੇ ਊਣੇ ਝੂਣੇ ਨਾ ਗੁਰਿ ਸਬਦੁ ਸੁਣਾਇਆ॥		Naam Vihoonae Oonae Jhoonae Naa Gur Sabadh Sunaaeiaa ||	Without the Naam, he is vacant and sad; he does not listen to the Word of the Guru's Shabad.	ਜਿਨ੍ਹਾਂ (ਭਾਗ-ਹੀਣ ਬੰਦਿਆਂ) ਨੂੰ ਗੁਰੂ ਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਸ਼ਬਦ ਨਹੀਂ ਸੁਣਾਇਆ, ਜੋ ਨਾਮ ਤੋਂ ਸੱਖਣੇ ਰਹੇ ਹਨ ਉਹ ਦੁੱਖੀ ਜੀਵਨ ਹੀ ਬਿਤਾਂਦੇ ਗਏ।
32884	767	ਮਨੁ ਪਰਦੇਸੀ ਜੇ ਥੀਐ ਸਭੁ ਦੇਸੁ ਪਰਾਇਆ॥੭॥		Man Paradhaesee Jae Thheeai Sabh Dhaes Paraaeiaa ||7||	If the mind becomes a stranger to God, then all the world becomes a stranger to him. ||7||	(ਕਿਉਂਕਿ) ਜੇ ਮਨੁੱਖ ਦਾ ਮਨ ਪ੍ਰਭੂ-ਚਰਨਾਂ ਤੋਂ ਵਿਛੁੜਿਆ ਰਹੇ ਤਾਂ ਉਸ ਨੂੰ ਸਾਰਾ ਜਗਤ ਬਿਗਾਨਾ ਜਾਪਦਾ ਹੈ (ਉਸ ਦੇ ਅੰਦਰ ਮੇਰ-ਤੇਰ ਬਣੀ ਰਹਿੰਦੀ ਹੈ) ॥੭॥
32885	767	ਗੁਰ ਮਹਲੀ ਘਰਿ ਆਪਨੈ ਸੋ ਭਰਪੁਰਿ ਲੀਣਾ॥		Gur Mehalee Ghar Aapanai So Bharapur Leenaa ||	One who finds the Guru's Mansion within the home of his own being, merges in the All-pervading Lord.	ਉੱਚੇ ਟਿਕਾਣੇ ਦਾ ਮਾਲਕ ਪ੍ਰਭੂ ਜਿਸ ਮਨੁੱਖ ਦੇ ਆਪਣੇ ਹਿਰਦੇ-ਘਰ ਵਿਚ ਆ ਵੱਸਦਾ ਹੈ ਉਹ ਮਨੁੱਖ ਉਸ ਸਰਬ-ਵਿਆਪਕ ਪ੍ਰਭੂ (ਦੀ ਯਾਦ) ਵਿਚ ਮਸਤ ਰਹਿੰਦਾ ਹੈ,
32886	767	ਸੇਵਕੁ ਸੇਵਾ ਤਾਂ ਕਰੇ ਸਚ ਸਬਦਿ ਪਤੀਣਾ॥		Saevak Saevaa Thaan Karae Sach Sabadh Patheenaa ||	The sevadar performs selfless service when he is pleased, and confirmed in the True Word of the Shabad.	ਉਹ ਮਨੁੱਖ ਪ੍ਰਭੂ ਦਾ ਸੇਵਕ ਬਣ ਜਾਂਦਾ ਹੈ ਪ੍ਰਭੂ ਦੀ ਸੇਵਾ-ਭਗਤੀ ਕਰਦਾ ਹੈ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਵਿਚ (ਉਸ ਦਾ ਮਨ) ਮਗਨ ਰਹਿੰਦਾ ਹੈ।

32887	767	ਸਬਦੇ ਪਤੀਜੈ ਅੰਕੁ ਭੀਜੈ ਸੁ ਮਹਲੁ ਮਹਲਾ ਅੰਤਰੇ॥	ਅੰਕੁਰਿਦਾ। ਮਹਲੁਰਾਮਜੀ। ਮਹਲਾਂਸ੍ਰੀਰਾਂ। ਮਹੱਲੁ	Sabadhae Patheejai Ank Bheejai S Mehal Mehalaa Antharae ||	Confirmed in the Shabad, with her being softened by devotion, the bride dwells in the Mansion of the Lord's Presence, deep within her being.	ਉਹ ਮਨੁੱਖ ਸਤਿਗੁਰੂ ਦੇ ਸ਼ਬਦ ਵਿਚ ਗਿੱਝ ਜਾਂਦਾ ਹੈ, ਉਸ ਦਾ ਹਿਰਦਾ ਨਾਮ-ਰਸ ਨਾਲ ਭਿੱਜਿਆ ਰਹਿੰਦਾ ਹੈ, ਉਸ ਨੂੰ ਹਰੇਕ ਸਰੀਰ ਦੇ ਅੰਦਰ ਪ੍ਰਭੂ ਦਾ ਨਿਵਾਸ ਦਿੱਸਦਾ ਹੈ,
32888	767	ਆਪਿ ਕਰਤਾ ਕਰੇ ਸੋਈ ਪ੍ਰਭੁ ਆਪਿ ਅੰਤਿ ਨਿਰੰਤਰੇ॥		Aap Karathaa Karae Soee Prabh Aap Anth Nirantharae ||	The Creator Himself creates; God Himself, in the end, is endless.	(ਉਸ ਨੂੰ ਯਕੀਨ ਬਣਿਆ ਰਹਿੰਦਾ ਹੈ ਕਿ) ਪ੍ਰਭੂ ਆਪ ਹੀ ਸਭ ਕੁਝ ਕਰ ਰਿਹਾ ਹੈ, ਆਪ ਹੀ ਹਰੇਕ ਦੇ ਅੰਦਰ ਇਕ-ਰਸ ਵਿਆਪਕ ਹੈ।
32889	767	ਗੁਰ ਸਬਦਿ ਮੇਲਾ ਤਾਂ ਸੁਹੇਲਾ ਬਾਜੰਤ ਅਨਹਦ ਬੀਣਾ॥		Gur Sabadh Maelaa Thaan Suhaelaa Baajanth Anehadh Beenaa ||	Through the Word of the Guru's Shabad, the mortal is united, and then embellished; the unstruck melody of the sound current resounds.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਜਦੋਂ ਉਸ ਮਨੁੱਖ ਦਾ ਪਰਮਾਤਮਾ ਨਾਲ ਮਿਲਾਪ ਹੋ ਜਾਂਦਾ ਹੈ ਤਦੋਂ ਉਸ ਦਾ ਜੀਵਨ ਸੌਖਾ ਹੋ ਜਾਂਦਾ ਹੈ (ਉਸ ਦੇ ਅੰਦਰ, ਮਾਨੋ,) ਇਕ-ਰਸ ਬੰਸਰੀ ਵੱਜਦੀ ਰਹਿੰਦੀ ਹੈ।

32890	767	ਗੁਰ ਮਹਲੀ ਘਰਿ ਆਪਨੈ ਸੋ ਭਰਿਪੁਰਿ ਲੀਣਾ॥੮॥		Gur Mehalee Ghar Aapanai So Bharipur Leenaa ||8||	One who finds the Guru's Mansion within the home of his own being, merges in the All-pervading Lord. ||8||	ਉੱਚੇ ਟਿਕਾਣੇ ਦਾ ਮਾਲਕ-ਪ੍ਰਭੂ ਜਿਸ ਮਨੁੱਖ ਦੇ ਆਪਣੇ ਹਿਰਦੇ-ਘਰ ਵਿਚ ਪਰਗਟ ਹੋ ਜਾਂਦਾ ਹੈ ਉਹ ਮਨੁੱਖ ਉਸ ਸਰਬ-ਵਿਆਪਕ ਪ੍ਰਭੂ (ਦੀ ਯਾਦ) ਵਿਚ ਜੁੜਿਆ ਰਹਿੰਦਾ ਹੈ ॥੮॥
32891	767	ਕੀਤਾ ਕਿਆ ਸਾਲਾਹੀਐ ਕਰਿ ਵੇਖੈ ਸੋਈ॥		Keethaa Kiaa Saalaaheeai Kar Vaekhai Soee ||	Why praise that which is created? Praise instead the One who created it and watches over it.	ਪਰਮਾਤਮਾ ਦੇ ਪੈਦਾ ਕੀਤੇ ਹੋਏ ਜੀਵ ਦੀਆਂ ਸਿਫ਼ਤਾਂ ਕਰਨ ਦਾ ਕੀਹ ਲਾਭ? (ਸਿਫ਼ਤਿ-ਸਾਲਾਹ ਉਸ ਪਰਮਾਤਮਾ ਦੀ ਕਰਨੀ ਚਾਹੀਦੀ ਹੈ) ਜੋ ਜਗਤ ਪੈਦਾ ਕਰ ਕੇ ਆਪ ਹੀ ਸੰਭਾਲ ਭੀ ਕਰਦਾ ਹੈ।
32892	767	ਤਾ ਕੀ ਕੀਮਤਿ ਨਾ ਪਵੈ ਜੇ ਲੋਚੈ ਕੋਈ॥		Thaa Kee Keemath N Pavai Jae Lochai Koee ||	His value cannot be estimated, no matter how much one may wish.	(ਪਰ ਉਸ ਪ੍ਰਭੂ ਦਾ ਮੁੱਲ ਨਹੀਂ ਪੈ ਸਕਦਾ, ਉਸ ਵਰਗਾ ਹੋਰ ਕੋਈ ਦੱਸਿਆ ਨਹੀਂ ਜਾ ਸਕਦਾ)। ਜੇ ਕੋਈ ਮਨੁੱਖ ਇਹ ਚਾਹੇ (ਕਿ ਪਰਮਾਤਮਾ ਦੇ ਗੁਣ ਬਿਆਨ ਕਰ ਕੇ ਮੈਂ ਉਸ ਦਾ ਮੁੱਲ ਪਾ ਸਕਾਂ ਤਾਂ ਇਹ ਨਹੀਂ ਹੋ ਸਕਦਾ) ਉਸ ਪ੍ਰਭੂ ਦਾ ਮੁੱਲ ਨਹੀਂ ਪੈ ਸਕਦਾ।

32893	767	ਕੀਮਤਿ ਸੋ ਪਾਵੈ ਆਪਿ ਜਾਣਾਵੈ ਆਪਿ ਅਭੁਲੁ ਨ ਭੁਲਏ॥	(ਅ-ਭੁੱਲੁ)ਭੁੱਲਏ	Keemath So Paavai Aap Jaanaavai Aap Abhul N Bhuleae ||	He alone can estimate the Lord's value, whom the Lord Himself causes to know. He is not mistaken; He does not make mistakes.	ਜਿਸ ਮਨੁੱਖ ਨੂੰ ਪ੍ਰਭੂ ਆਪ ਸੂਝ ਬਖ਼ਸ਼ਦਾ ਹੈ, ਉਹ ਪ੍ਰਭੂ ਦੀ ਕਦਰ ਸਮਝ ਲੈਂਦਾ ਹੈ (ਤੇ ਦੱਸਦਾ ਹੈ ਕਿ) ਪ੍ਰਭੂ ਅਭੁੱਲ ਹੈ ਕਦੇ ਭੁੱਲ ਨਹੀਂ ਕਰਦਾ।
32894	767	ਜੈ ਜੈਕਾਰੁ ਕਰਹਿ ਤੁਧੁ ਭਾਵਹਿ ਗੁਰ ਕੈ ਸਬਦਿ ਅਮੁਲਏ॥	ਅ-ਮੁੱਲਏ	Jai Jai Kaar Karehi Thudhh Bhaavehi Gur Kai Sabadh Amuleae ||	He alone celebrates victory, who is pleasing to You, through the Invaluable Word of the Guru's Shabad.	(ਉਹ ਬੰਦਾ ਇਉਂ ਬੇਨਤੀ ਕਰਦਾ ਹੈ-) ਹੇ ਪ੍ਰਭੂ! ਜੇਹੜੇ ਬੰਦੇ ਤੈਨੂੰ ਪਿਆਰੇ ਲੱਗਦੇ ਹਨ ਉਹ ਗੁਰੂ ਦੇ ਅਮੋਲਕ ਸ਼ਬਦ ਵਿਚ ਜੁੜ ਕੇ ਤੇਰੀ ਸਿਫ਼ਤਿ-ਸਾਲਾਹ ਕਰਦੇ ਹਨ।
32895	767	ਹੀਣਉ ਨੀਚੁ ਕਰਉ ਬੇਨੰਤੀ ਸਾਚੁ ਨ ਛੋਡਉ ਭਾਈ॥		Heeno Neech Karo Baenanthee Saach N Shhoddo Bhaaee ||	I am lowly and abject - I offer my prayer; may I never forsake the True Name, O Sibling of Destiny.	ਹੇ ਭਾਈ! ਮੈਂ ਤੁੱਛ ਹਾਂ, ਮੈਂ ਨੀਵਾਂ ਹਾਂ, ਪਰ ਮੈਂ (ਪ੍ਰਭੂ-ਦਰ ਤੇ ਹੀ) ਬੇਨਤੀ ਕਰਦਾ ਹਾਂ, ਮੈਂ ਉਸ ਸਦਾ-ਥਿਰ ਪ੍ਰਭੂ (ਦੇ ਪੱਲੇ) ਨੂੰ ਨਹੀਂ ਛੱਡਦਾ।
32896	767	ਨਾਨਕ ਜਿਨਿ ਕਰਿ ਦੇਖਿਆ ਦੇਵੈ ਮਤਿ ਸਾਈ॥੯॥੨॥੫॥	ਸਾਂਈ	Naanak Jin Kar Dhaekhiaa Dhaevai Math Saaee ||9||2||5||	O Nanak, the One who created the creation, watches over it; He alone bestows understanding. ||9||2||5||	ਹੇ ਨਾਨਕ! (ਆਖ-) (ਮੇਰੀ ਕੋਈ ਪਾਂਇਆਂ ਨਹੀਂ ਕਿ ਮੈਂ ਸਿਫ਼ਤਿ-ਸਾਲਾਹ ਕਰਨ ਦਾ ਦਮ ਭਰ ਸਕਾਂ), ਜੇਹੜਾ ਪ੍ਰਭੂ ਪੈਦਾ ਕਰ ਕੇ ਸੰਭਾਲ ਕਰਦਾ ਹੈ ਉਹੀ (ਸਿਫ਼ਤਿ-ਸਾਲਾਹ ਕਰਨ ਦੀ) ਅਕਲ ਬਖ਼ਸ਼ਦਾ ਹੈ ॥੯॥੨॥੫॥

32897	767	ਰਾਗੁ ਸੂਹੀ ਛੰਤ ਮਹਲਾ ੩ ਘਰੁ ੨		Raag Soohee Shhanth Mehalaa 3 Ghar 2	Raag Soohee, Chhant, Third Mehl, Second House:	ਰਾਗ ਸੂਹੀ, ਘਰ ੨ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ 'ਛੰਤ' (ਛੰਦ)।
32898	767	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32899	767	ਸੁਖ ਸੋਹਿਲੜਾ ਹਰਿ ਧਿਆਵਹੁ॥		Sukh Sohilarraa Har Dhhiaavahu ||	Meditate on the Lord, and find peace and pleasure.	ਹੇ ਭਾਈ ਜਨੋ! ਆਤਮਕ ਆਨੰਦ ਦੇਣ ਵਾਲਾ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ ਕਰੋ।
32900	767	ਗੁਰਮੁਖਿ ਹਰਿ ਫਲੁ ਪਾਵਹੁ॥		Guramukh Har Fal Paavahu ||	As Gurmukh, obtain the Lord's fruitful rewards.	ਗੁਰੂ ਦੀ ਸਰਨ ਪੈ ਕੇ (ਸਿਫ਼ਤਿ-ਸਾਲਾਹ ਦਾ ਗੀਤ ਗਾਇਆਂ) ਪਰਮਾਤਮਾ ਦੇ ਦਰ ਤੋਂ (ਇਸ ਦਾ) ਫਲ ਪ੍ਰਾਪਤ ਕਰੋਗੇ।
32901	767	ਗੁਰਮੁਖਿ ਫਲੁ ਪਾਵਹੁ ਹਰਿ ਨਾਮੁ ਧਿਆਵਹੁ ਜਨਮ ਜਨਮ ਕੇ ਦੂਖ ਨਿਵਾਰੇ॥		Guramukh Fal Paavahu Har Naam Dhhiaavahu Janam Janam Kae Dhookh Nivaarae ||	As Gurmukh,obtain the fruit of the Lord,and meditate on the Lord's Name; the pains of countless lifetimes shall be erased.	ਹੇ ਭਾਈ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰਿਆ ਕਰੋ, (ਇਸ ਦਾ) ਫਲ ਹਾਸਲ ਕਰੋਗੇ, ਪਰਮਾਤਮਾ ਦਾ ਨਾਮ ਅਨੇਕਾਂ ਜਨਮਾਂ ਦੇ ਦੁੱਖ ਦੂਰ ਕਰ ਦੇਂਦਾ ਹੈ।
32902	767	ਬਲਿਹਾਰੀ ਗੁਰ ਅਪਣੇ ਵਿਟਹੁ ਜਿਨਿ ਕਾਰਜ ਸਭਿ ਸਵਾਰੇ॥		Balihaaree Gur Apanae Vittahu Jin Kaaraj Sabh Savaarae ||	I am a sacrifice to my Guru, who has arranged and resolved all my affairs.	ਜਿਸ ਗੁਰੂ ਨੇ ਤੁਹਾਡੇ (ਲੋਕ ਪਰਲੋਕ ਦੇ) ਸਾਰੇ ਕੰਮ ਸਵਾਰ ਦਿੱਤੇ ਹਨ, ਉਸ ਆਪਣੇ ਗੁਰੂ ਤੋਂ ਸਦਕੇ ਜਾਵੋ।

32903	767	ਹਰਿ ਪ੍ਰਭੁ ਕ੍ਰਿਪਾ ਕਰੇ ਹਰਿ ਜਾਪਹੁ ਸੁਖ ਫਲ ਹਰਿ ਜਨ ਪਾਵਹੁ॥		Har Prabh Kirapaa Karae Har Jaapahu Sukh Fal Har Jan Paavahu ||	The Lord God will bestow His Grace, if you meditate on the Lord; O humble servant of the Lord, you shall obtain the fruit of peace.	ਹੇ ਭਾਈ! ਪਰਮਾਤਮਾ ਦਾ ਨਾਮ ਜਪਿਆ ਕਰੋ। ਹਰੀ-ਪ੍ਰਭੂ ਕਿਰਪਾ ਕਰੇਗਾ, (ਉਸ ਦੇ ਦਰ ਤੋਂ) ਆਤਮਕ ਆਨੰਦ ਦਾ ਫਲ ਪ੍ਰਾਪਤ ਕਰ ਲਵੋਗੇ।
32904	767	ਨਾਨਕੁ ਕਹੈ ਸੁਣਹੁ ਜਨ ਭਾਈ ਸੁਖ ਸੋਹਿਲੜਾ ਹਰਿ ਧਿਆਵਹੁ॥੧॥		Naanak Kehai Sunahu Jan Bhaaee Sukh Sohilarraa Har Dhhiaavahu ||1||	Says Nanak, listen O humble Sibling of Destiny: meditate on the Lord, and find peace and pleasure. ||1||	ਨਾਨਕ ਆਖਦਾ ਹੈ-ਹੇ ਭਾਈ ਜਨੋ! ਆਤਮਕ ਆਨੰਦ ਦੇਣ ਵਾਲਾ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦੇ ਰਿਹਾ ਕਰੋ ॥੧॥
32905	767	ਸੁਣਿ ਹਰਿ ਗੁਣ ਭੀਨੇ ਸਹਜਿ ਸੁਭਾਏ॥		Sun Har Gun Bheenae Sehaj Subhaaeae ||	Hearing the Glorious Praises of the Lord, I am intuitively drenched with His Love.	ਹੇ ਭਾਈ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣ ਕੇ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਭਿੱਜ ਜਾਈਦਾ ਹੈ।
32906	767	ਗੁਰਮਤਿ ਸਹਜੇ ਨਾਮੁ ਧਿਆਏ॥		Guramath Sehajae Naam Dhhiaaeae ||	Under Guru's Instruction, I meditate intuitively on the Naam.	ਹੇ ਭਾਈ! ਤੂੰ ਭੀ ਗੁਰੂ ਦੀ ਮਤਿ ਉਤੇ ਤੁਰ ਕੇ ਪ੍ਰਭੂ ਦਾ ਨਾਮ ਸਿਮਰ ਦੇ ਆਤਮਕ ਅਡੋਲਤਾ ਵਿਚ ਟਿਕ।

32907	767	ਜਿਨ ਕਉ ਧੁਰਿ ਲਿਖਿਆ ਤਿਨ੍ ਗੁਰੁ ਮਿਲਿਆ ਤਿਨ ਜਨਮ ਮਰਣ ਭਉ ਭਾਗਾ॥		Jin Ko Dhhur Likhiaa Thin Gur Miliaa Thin Janam Maran Bho Bhaagaa ||	Those who have such pre-ordained destiny, meet the Guru, and their fears of birth and death leave them.	ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮੱਥੇ ਉਤੇ ਧੁਰ ਦਰਗਾਹ ਤੋਂ ਲਿਖਿਆ ਲੇਖ ਉੱਘੜਦਾ ਹੈ ਉਹਨਾਂ ਨੂੰ ਗੁਰੂ ਮਿਲਦਾ ਹੈ (ਤੇ, ਨਾਮ ਦੀ ਬਰਕਤਿ ਨਾਲ) ਉਹਨਾਂ ਦਾ ਜਨਮ ਮਰਨ (ਦੇ ਗੇੜ) ਦਾ ਡਰ ਦੂਰ ਹੋ ਜਾਂਦਾ ਹੈ।
32908	768	ਅੰਦਰਹੁ ਦੁਰਮਤਿ ਦੂਜੀ ਖੋਈ ਸੋ ਜਨੁ ਹਰਿ ਲਿਵ ਲਾਗਾ॥		Andharahu Dhuramath Dhoojee Khoee So Jan Har Liv Laagaa ||	One who eliminates evil-mindedness and duality from within himself, that humble being lovingly focuses his mind on the Lord.	(ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਆਪਣੇ) ਹਿਰਦੇ ਵਿਚੋਂ ਮਾਇਆ ਵਲ ਲੈ ਜਾਣ ਵਾਲੀ ਖੋਟੀ ਮਤਿ ਦੂਰ ਕਰਦਾ ਹੈ, ਉਹ ਮਨੁੱਖ ਪਰਮਾਤਮਾ ਦੇ ਚਰਨਾਂ ਵਿਚ ਸੁਰਤ ਜੋੜਦਾ ਹੈ।
32909	768	ਜਿਨ੍ ਕਉ ਕ੍ਰਿਪਾ ਕੀਨੀ ਮੇਰੈ ਸੁਆਮੀ ਤਿਨ ਅਨ ਦਿਨੁ ਹਰਿ ਗੁਣ ਗਾਏ॥		Jin Ko Kirapaa Keenee Maerai Suaamee Thin Anadhin Har Gun Gaaeae ||	Those, upon whom my Lord and Master bestows His Grace, sing the Glorious Praises of the Lord, night and day.	ਹੇ ਭਾਈ! ਮੇਰੇ ਮਾਲਕ-ਪ੍ਰਭੂ ਨੇ ਜਿਨ੍ਹਾਂ ਮਨੁੱਖਾਂ ਉਤੇ ਮੇਹਰ ਕੀਤੀ, ਉਹਨਾਂ ਹਰ ਵੇਲੇ ਪਰਮਾਤਮਾ ਦੇ ਗੁਣ ਗਾਣੇ ਸ਼ੁਰੂ ਕਰ ਦਿੱਤੇ।
32910	768	ਸੁਣਿ ਮਨ ਭੀਨੇ ਸਹਜਿ ਸੁਭਾਏ॥੨॥		Sun Man Bheenae Sehaj Subhaaeae ||2||	Hearing the Glorious Praises of the Lord, I am intuitively drenched with His Love. ||2||	ਹੇ ਮਨ! (ਪਰਮਾਤਮਾ ਦੀ ਸਿਫ਼ਤਿ-ਸਾਲਾਹ) ਸੁਣ ਕੇ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਭਿੱਜ ਜਾਈਦਾ ਹੈ ॥੨॥

32911	768	ਜੁਗ ਮਹਿ ਰਾਮ ਨਾਮੁ ਨਿਸਤਾਰਾ॥		Jug Mehi Raam Naam Nisathaaraa ||	In this age, emancipation comes only from the Lord's Name.	ਹੇ ਭਾਈ! ਜਗਤ ਵਿਚ ਪਰਮਾਤਮਾ ਦਾ ਨਾਮ ਹੀ (ਹਰੇਕ ਜੀਵ ਦਾ) ਪਾਰ-ਉਤਾਰਾ ਕਰਦਾ ਹੈ।
32912	768	ਗੁਰ ਤੇ ਉਪਜੈ ਸਬਦੁ ਵੀਚਾਰਾ॥		Gur Thae Oupajai Sabadh Veechaaraa ||	Contemplative meditation on the Word of the Shabad emanates from the Guru.	ਜੇਹੜਾ ਮਨੁੱਖ ਗੁਰੂ ਪਾਸੋਂ ਨਵਾਂ ਆਤਮਕ ਜੀਵਨ ਲੈਂਦਾ ਹੈ, ਉਹ ਗੁਰੂ ਦੇ ਸ਼ਬਦ ਨੂੰ ਵਿਚਾਰਦਾ ਹੈ।
32913	768	ਗੁਰ ਸਬਦੁ ਵੀਚਾਰਾ ਰਾਮ ਨਾਮੁ ਪਿਆਰਾ ਜਿਸੁ ਕਿਰਪਾ ਕਰੇ ਸੁ ਪਾਏ॥		Gur Sabadh Veechaaraa Raam Naam Piaaraa Jis Kirapaa Karae S Paaeae ||	Contemplating the Guru's Shabad, one comes to love the Lord's Name; he alone obtains it, unto whom the Lord shows Mercy.	ਉਹ ਮਨੁੱਖ ਗੁਰੂ ਦੇ ਸ਼ਬਦ ਨੂੰ (ਜਿਉਂ ਜਿਉਂ) ਵਿਚਾਰਦਾ ਹੈ ਤਿਉਂ ਤਿਉਂ) ਪਰਮਾਤਮਾ ਦਾ ਨਾਮ ਉਸ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ ਪਰ, ਹੇ ਭਾਈ! ਜਿਸ ਮਨੁੱਖ ਉਤੇ ਪ੍ਰਭੂ ਕਿਰਪਾ ਕਰਦਾ ਹੈ, ਉਹੀ ਮਨੁੱਖ (ਇਹ ਦਾਤਿ) ਪ੍ਰਾਪਤ ਕਰਦਾ ਹੈ।
32914	768	ਸਹਜੇ ਗੁਣ ਗਾਵੈ ਦਿਨੁ ਰਾਤੀ ਕਿਲਵਿਖ ਸਭਿ ਗਵਾਏ॥		Sehajae Gun Gaavai Dhin Raathee Kilavikh Sabh Gavaaeae ||	In peace and poise, he sings the Lord's Praises day and night, and all sins are eradicated.	ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਦਿਨ ਰਾਤ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਅਤੇ ਆਪਣੇ ਸਾਰੇ ਪਾਪ ਦੂਰ ਕਰ ਲੈਂਦਾ ਹੈ।

32915	768	ਸਭੁ ਕੋ ਤੇਰਾ ਤੂ ਸਭਨਾ ਕਾ ਹਉ ਤੇਰਾ ਤੂ ਹਮਾਰਾ॥		Sabh Ko Thaeraa Thoo Sabhanaa Kaa Ho Thaeraa Thoo Hamaaraa ||	All are Yours, and You belong to all. I am Yours, and You are mine.	ਹੇ ਪ੍ਰਭੂ! ਹਰੇਕ ਜੀਵ ਤੇਰਾ (ਪੈਦਾ ਕੀਤਾ ਹੋਇਆ ਹੈ), ਤੂੰ ਸਾਰੇ ਜੀਵਾਂ ਦਾ ਖਸਮ ਹੈਂ। ਹੇ ਪ੍ਰਭੂ! ਮੈਂ ਤੇਰਾ (ਸੇਵਕ) ਹਾਂ, ਤੂੰ ਸਾਡਾ ਮਾਲਕ ਹੈਂ (ਸਾਨੂੰ ਆਪਣਾ ਨਾਮ ਬਖ਼ਸ਼)।
32916	768	ਜੁਗ ਮਹਿ ਰਾਮ ਨਾਮੁ ਨਿਸਤਾਰਾ॥੩॥		Jug Mehi Raam Naam Nisathaaraa ||3||	In this age, emancipation comes only from the Lord's Name. ||3||	ਹੇ ਭਾਈ! ਸੰਸਾਰ ਵਿਚ ਪਰਮਾਤਮਾ ਦਾ ਨਾਮ (ਹੀ ਹਰੇਕ ਜੀਵ ਦਾ ਪਾਰ-ਉਤਾਰਾ ਕਰਦਾ ਹੈ ॥੩॥
32917	768	ਸਾਜਨ ਆਇ ਵੁਠੇ ਘਰ ਮਾਹੀ॥		Saajan Aae Vuthae Ghar Maahee ||	The Lord, my Friend has come to dwell within the home of my heart;	ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਹਿਰਦੇ-ਘਰ ਵਿਚ ਸੱਜਣ ਪ੍ਰਭੂ ਜੀ ਆ ਵੱਸਦੇ ਹਨ,
32918	768	ਹਰਿ ਗੁਣ ਗਾਵਹਿ ਤ੍ਰਿਪਤਿ ਅਘਾਹੀ॥		Har Gun Gaavehi Thripath Aghaahee ||	Singing the Glorious Praises of the Lord, one is satisfied and fulfilled.	ਉਹ ਮਨੁੱਖ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਮਾਇਆ ਵਲੋਂ ਉਹਨਾਂ ਨੂੰ ਸੰਤੋਖ ਆ ਜਾਂਦਾ ਹੈ, ਉਹ ਰੱਜ ਜਾਂਦੇ ਹਨ।
32919	768	ਹਰਿ ਗੁਣ ਗਾਇ ਸਦਾ ਤ੍ਰਿਪਤਾਸੀ ਫਿਰਿ ਭੂਖ ਨ ਲਾਗੈ ਆਏ॥		Har Gun Gaae Sadhaa Thripathaasee Fir Bhookh N Laagai Aaeae ||	Singing the Glorious Praises of the Lord, one is satisfied forever, never to feel hunger again.	ਹੇ ਭਾਈ! ਜੇਹੜੀ ਜਿੰਦ ਸਦਾ ਪ੍ਰਭੂ ਦੇ ਗੁਣ ਗਾ ਗਾ ਕੇ (ਮਾਇਆ ਵਲੋਂ) ਤ੍ਰਿਪਤ ਹੋ ਜਾਂਦੀ ਹੈ, ਉਸ ਨੂੰ ਮੁੜ ਮਾਇਆ ਦੀ ਭੁੱਖ ਆ ਕੇ ਨਹੀਂ ਚੰਬੜਦੀ।

32920	768	ਦਹ ਦਿਸਿ ਪੂਜ ਹੋਵੈ ਹਰਿ ਜਨ ਕੀ ਜੋ ਹਰਿ ਹਰਿ ਨਾਮੁ ਧਿਆਏ॥		Dheh Dhis Pooj Hovai Har Jan Kee Jo Har Har Naam Dhhiaaeae ||	That humble servant of the Lord, who meditates on the Name of the Lord, Har, Har, is worshipped in the ten directions.	ਜੇਹੜਾ ਮਨੁੱਖ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ, ਉਸ ਸੇਵਕ ਦੀ ਹਰ ਥਾਂ ਇੱਜ਼ਤ ਹੁੰਦੀ ਹੈ।
32921	768	ਨਾਨਕ ਹਰਿ ਆਪੇ ਜੋੜਿ ਵਿਛੋੜੇ ਹਰਿ ਬਿਨੁ ਕੋ ਦੂਜਾ ਨਾਹੀ॥		Naanak Har Aapae Jorr Vishhorrae Har Bin Ko Dhoojaa Naahee ||	O Nanak, He Himself joins and separates; there is no other than the Lord.	ਹੇ ਨਾਨਕ! ਪਰਮਾਤਮਾ ਆਪ ਹੀ (ਕਿਸੇ ਨੂੰ ਮਾਇਆ ਵਿਚ) ਜੋੜ ਕੇ (ਆਪਣੇ ਚਰਨਾਂ) ਨਾਲੋਂ ਵਿਛੋੜਦਾ ਹੈ। ਪਰਮਾਤਮਾ ਤੋਂ ਬਿਨਾ ਹੋਰ (ਐਸੀ ਸਮਰਥਾ ਵਾਲਾ) ਨਹੀਂ ਹੈ।
32922	768	ਸਾਜਨ ਆਇ ਵੁਠੇ ਘਰ ਮਾਹੀ॥੪॥੧॥		Saajan Aae Vuthae Ghar Maahee ||4||1||	The Lord, my Friend has come to dwell within the home of my heart. ||4||1||	(ਜਿਸ ਉਤੇ ਮੇਹਰ ਕਰਦੇ ਹਨ) ਉਸ ਦੇ ਹਿਰਦੇ-ਘਰ ਵਿਚ ਸੱਜਣ ਪ੍ਰਭੂ ਜੀ ਆ ਨਿਵਾਸ ਕਰਦੇ ਹਨ ॥੪॥੧॥
32923	768	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
32924	768	ਰਾਗੁ ਸੂਹੀ ਮਹਲਾ ੩ ਘਰੁ ੩॥		Raag Soohee Mehalaa 3 Ghar 3 ||	Raag Soohee, Third Mehl, Third House:	ਰਾਗ ਸੂਹੀ, ਘਰ ੩ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।

32925	768	ਭਗਤ ਜਨਾ ਕੀ ਹਰਿ ਜੀਉ ਰਾਖੈ ਜੁਗਿ ਜੁਗਿ ਰਖਦਾ ਆਇਆ ਰਾਮ॥	ਜੁੱਗਿ ਜੁੱਗਿ	Bhagath Janaa Kee Har Jeeo Raakhai Jug Jug Rakhadhaa Aaeiaa Raam ||	The Dear Lord protects His humble devotees; throughout the ages, He has protected them.	ਹੇ ਭਾਈ! ਪਰਮਾਤਮਾ ਆਪਣੇ ਭਗਤਾਂ ਦੀ ਇੱਜ਼ਤ ਰੱਖਦਾ ਹੈ, ਹਰੇਕ ਜੁਗ ਵਿਚ ਹੀ (ਭਗਤਾਂ ਦੀ) ਇੱਜ਼ਤ ਰੱਖਦਾ ਆਇਆ ਹੈ।
32926	768	ਸੋ ਭਗਤੁ ਜੋ ਗੁਰਮੁਖਿ ਹੋਵੈ ਹਉਮੈ ਸਬਦਿ ਜਲਾਇਆ ਰਾਮ॥		So Bhagath Jo Guramukh Hovai Houmai Sabadh Jalaaeiaa Raam ||	Those devotees who become Gurmukh burn away their ego, through the Word of the Shabad.	ਜੇਹੜਾ ਮਨੁੱਖ ਗੁਰੂ ਦੇ ਦੱਸੇ ਹੋਏ ਰਾਹ ਉਤੇ ਤੁਰਦਾ ਹੈ, ਉਹ ਪ੍ਰਭੂ ਦਾ ਭਗਤ ਬਣ ਜਾਂਦਾ ਹੈ, ਉਹ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਣੀ ਹਉਮੈ ਦੂਰ ਕਰਦਾ ਹੈ।
32927	768	ਹਉਮੈ ਸਬਦਿ ਜਲਾਇਆ ਮੇਰੇ ਹਰਿ ਭਾਇਆ ਜਿਸ ਦੀ ਸਾਚੀ ਬਾਣੀ॥		Houmai Sabadh Jalaaeiaa Maerae Har Bhaaeiaa Jis Dhee Saachee Baanee ||	Those who burn away their ego through the Shabad, become pleasing to my Lord; their speech becomes True.	ਹੇ ਭਾਈ! ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਅੰਦਰੋਂ ਹਉਮੈ ਸਾੜਦਾ ਹੈ, ਉਹ ਉਸ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ ਜਿਸ ਦੀ ਸਿਫ਼ਤਿ-ਸਾਲਾਹ ਸਦਾ ਅਟੱਲ ਰਹਿਣ ਵਾਲੀ ਹੈ।

32928	768	ਸਚੀ ਭਗਤਿ ਕਰਹਿ ਦਿਨੁ ਰਾਤੀ ਗੁਰਮੁਖਿ ਆਖਿ ਵਖਾਣੀ॥		Sachee Bhagath Karehi Dhin Raathee Guramukh Aakh Vakhaanee ||	They perform the Lord's true devotional service, day and night, as the Guru has instructed them.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਿਨ ਰਾਤ ਪਰਮਾਤਮਾ ਦੀ ਸਦਾ-ਥਿਰ ਰਹਿਣ ਵਾਲੇ ਭਗਤੀ ਕਰਦੇ ਰਹਿੰਦੇ ਹਨ, ਉਹ ਆਪ ਸਿਫ਼ਤਿ-ਸਾਲਾਹ ਵਾਲੀ ਬਾਣੀ ਉਚਾਰਦੇ ਰਹਿੰਦੇ ਹਨ, ਤੇ ਹੋਰਨਾਂ ਨੂੰ ਭੀ ਉਸ ਦੀ ਸੂਝ ਦੇਂਦੇ ਹਨ।
32929	768	ਭਗਤਾ ਕੀ ਚਾਲ ਸਚੀ ਅਤਿ ਨਿਰਮਲ ਨਾਮੁ ਸਚਾ ਮਨਿ ਭਾਇਆ॥		Bhagathaa Kee Chaal Sachee Ath Niramal Naam Sachaa Man Bhaaeiaa ||	The devotees' lifestyle is true, and absolutely pure; the True Name is pleasing to their minds.	ਹੇ ਭਾਈ! ਭਗਤਾਂ ਦੀ ਜੀਵਨ-ਜੁਗਤੀ ਸਦਾ ਇਕ-ਰਸ ਰਹਿਣ ਵਾਲੀ ਅਤੇ ਬੜੀ ਪਵਿਤ੍ਰ ਹੁੰਦੀ ਹੈ, ਉਹਨਾਂ ਦੇ ਮਨ ਵਿਚ ਪਰਮਾਤਮਾ ਦਾ ਸਦਾ-ਥਿਰ ਨਾਮ ਪਿਆਰਾ ਲੱਗਦਾ ਰਹਿੰਦਾ ਹੈ।
32930	768	ਨਾਨਕ ਭਗਤ ਸੋਹਹਿ ਦਰਿ ਸਾਚੈ ਜਿਨ੍ਹੀ ਸਚੋ ਸਚੁ ਕਮਾਇਆ॥੧॥		Naanak Bhagath Sohehi Dhar Saachai Jinee Sacho Sach Kamaaeiaa ||1||	O Nanak, the those devotees, who practice Truth, and only Truth, look beauteous in the Court of the True Lord. ||1||	ਹੇ ਨਾਨਕ! ਪਰਮਾਤਮਾ ਦੇ ਭਗਤ ਸਦਾ-ਥਿਰ ਪਰਮਾਤਮਾ ਦੇ ਦਰ ਤੇ ਸੋਭਦੇ ਹਨ, ਉਹ ਪਰਮਾਤਮਾ ਦਾ ਸਦਾ-ਥਿਰ ਰਹਿਣ ਵਾਲਾ ਨਾਮ ਹੀ ਸਦਾ ਜਪਦੇ ਰਹਿੰਦੇ ਹਨ ॥੧॥

32931	768	ਹਰਿ ਭਗਤਾ ਕੀ ਜਾਤਿ ਪਤਿ ਹੈ ਭਗਤ ਹਰਿ ਕੈ ਨਾਮਿ ਸਮਾਣੇ ਰਾਮ॥		Har Bhagathaa Kee Jaath Path Hai Bhagath Har Kai Naam Samaanae Raam ||	The Lord is the social class and honor of His devotees; the Lord's devotees merge in the Naam, the Name of the Lord.	ਹੇ ਭਾਈ! ਪਰਮਾਤਮਾ ਹੀ ਭਗਤਾਂ ਲਈ (ਉੱਚੀ) ਜਾਤਿ ਹੈ, ਪਰਮਾਤਮਾ ਹੀ ਉਹਨਾਂ ਦੀ ਇੱਜ਼ਤ ਹੈ। ਭਗਤ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦੇ ਹਨ।
32932	768	ਹਰਿ ਭਗਤਿ ਕਰਹਿ ਵਿਚਹੁ ਆਪੁ ਗਵਾਵਹਿ ਜਿਨ੍ ਗੁਣ ਅਵਗਣ ਪਛਾਣੇ ਰਾਮ॥		Har Bhagath Karehi Vichahu Aap Gavaavehi Jin Gun Avagan Pashhaanae Raam ||	They worship the Lord in devotion, and eradicate self-conceit from within themselves; they understand merits and demerits.	ਭਗਤ (ਸਦਾ) ਹਰੀ ਦੀ ਭਗਤੀ ਕਰਦੇ ਹਨ, ਆਪਣੇ ਅੰਦਰੋਂ ਆਪਾ-ਭਾਵ (ਭੀ) ਦੂਰ ਕਰ ਲੈਂਦੇ ਹਨ, ਕਿਉਂਕਿ ਉਹਨਾਂ ਨੇ ਗੁਣਾਂ ਤੇ ਅਉਗਣਾਂ ਦੀ ਪਰਖ ਕਰ ਲਈ ਹੁੰਦੀ ਹੈ (ਉਹਨਾਂ ਨੂੰ ਪਤਾ ਹੁੰਦਾ ਹੈ ਕਿ ਹਉਮੈ ਅਉਗਣ ਹੈ)।
32933	768	ਗੁਣ ਅਉਗਣ ਪਛਾਣੈ ਹਰਿ ਨਾਮੁ ਵਖਾਣੈ ਭੈ ਭਗਤਿ ਮੀਠੀ ਲਾਗੀ॥		Gun Aougan Pashhaanai Har Naam Vakhaanai Bhai Bhagath Meethee Laagee ||	They understand merits and demerits, and chant the Lord's Name; devotional worship is sweet to them.	ਜੇਹੜਾ ਮਨੁੱਖ ਗੁਣ ਤੇ ਅਉਗਣ ਦੀ ਪਰਖ ਕਰ ਲੈਂਦਾ ਹੈ, ਅਤੇ ਪਰਮਾਤਮਾ ਦਾ ਨਾਮ ਉਚਾਰਦਾ ਰਹਿੰਦਾ ਹੈ, ਉਸ ਨੂੰ ਪ੍ਰਭੂ ਦੇ ਡਰ-ਅਦਬ ਵਿਚ ਰਹਿਣ ਕਰ ਕੇ ਪ੍ਰਭੂ ਦੀ ਭਗਤੀ ਪਿਆਰੀ ਲੱਗਦੀ ਹੈ।

32934	768	ਅਨਦਿਨੁ ਭਗਤਿ ਕਰਹਿ ਦਿਨੁ ਰਾਤੀ ਘਰ ਹੀ ਮਹਿ ਬੈਰਾਗੀ॥	(ਅਨਦਿਨੁ)ਇੱਕ-ਰਸ ਲਗਾਤਾਰ	Anadhin Bhagath Karehi Dhin Raathee Ghar Hee Mehi Bairaagee ||	Night and day, they perform devotional worship, day and night, and in the home of the self, they remain detached.	ਜੇਹੜੇ ਮਨੁੱਖ ਦਿਨ ਰਾਤ ਹਰ ਵੇਲੇ ਪਰਮਾਤਮਾ ਦੀ ਭਗਤੀ ਕਰਦੇ ਹਨ, ਉਹ ਗ੍ਰਿਹਸਤ ਵਿਚ ਹੀ ਮਾਇਆ ਦੇ ਮੋਹ ਤੋਂ ਨਿਰਲੇਪ ਰਹਿੰਦੇ ਹਨ।
32935	768	ਭਗਤੀ ਰਾਤੇ ਸਦਾ ਮਨੁ ਨਿਰਮਲੁ ਹਰਿ ਜੀਉ ਵੇਖਹਿ ਸਦਾ ਨਾਲੇ॥		Bhagathee Raathae Sadhaa Man Niramal Har Jeeo Vaekhehi Sadhaa Naalae ||	Imbued with devotion, their minds remain forever immaculate and pure; they see their Dear Lord always with them.	ਹੇ ਭਾਈ! ਜੇਹੜੇ ਮਨੁੱਖ ਸਦਾ ਪ੍ਰਭੂ ਦੀ ਭਗਤੀ (ਦੇ ਰੰਗ) ਵਿਚ ਰੰਗੇ ਰਹਿੰਦੇ ਹਨ, ਉਹਨਾਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ, ਉਹ ਪਰਮਾਤਮਾ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਵੇਖਦੇ ਹਨ।
32936	768	ਨਾਨਕ ਸੇ ਭਗਤ ਹਰਿ ਕੈ ਦਰਿ ਸਾਚੇ ਅਨ ਦਿਨੁ ਨਾਮੁ ਸਮ੍ਹਾਲੇ॥੨॥		Naanak Sae Bhagath Har Kai Dhar Saachae Anadhin Naam Samhaalae ||2||	O Nanak, those devotees are True in the Court of the Lord; night and day, they dwell upon the Naam. ||2||	ਹੇ ਨਾਨਕ! ਇਹੋ ਜਿਹੇ ਭਗਤ ਹਰ ਵੇਲੇ ਪ੍ਰਭੂ ਦੇ ਨਾਮ ਨੂੰ ਆਪਣੇ ਹਿਰਦੇ ਵਿਚ ਵਸਾ ਕੇ ਪਰਮਾਤਮਾ ਦੇ ਦਰ ਤੇ ਸੁਰਖ਼-ਰੂ ਹੋ ਜਾਂਦੇ ਹਨ ॥੨॥
32937	768	ਮਨਮੁਖ ਭਗਤਿ ਕਰਹਿ ਬਿਨੁ ਸਤਿਗੁਰ ਵਿਣੁ ਸਤਿਗੁਰੁ ਭਗਤਿ ਨ ਹੋਈ ਰਾਮ॥		Manamukh Bhagath Karehi Bin Sathigur Vin Sathigur Bhagath N Hoee Raam ||	The self-willed manmukhs practice devotional rituals without the True Guru, but without the True Guru, there is no devotion.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਗੁਰੂ ਦੀ ਸਰਨ ਪੈਣ ਤੋਂ ਬਿਨਾ (ਆਪਣੇ ਵਲੋਂ) ਪ੍ਰਭੂ ਦੀ ਭਗਤੀ ਕਰਦੇ ਹਨ, ਪਰ ਗੁਰੂ ਦੀ ਸਰਨ ਪੈਣ ਤੋਂ ਬਿਨਾ ਭਗਤੀ ਹੋ ਨਹੀਂ ਸਕਦੀ।

32938	768	ਹਉਮੈ ਮਾਇਆ ਰੋਗਿ ਵਿਆਪੇ ਮਰਿ ਜਨਮਹਿ ਦੁਖੁ ਹੋਈ ਰਾਮ॥		Houmai Maaeiaa Rog Viaapae Mar Janamehi Dhukh Hoee Raam ||	They are afflicted with the diseases of egotism and Maya, and they suffer the pains of death and rebirth.	ਉਹ ਮਨੁੱਖ ਹਉਮੈ ਵਿਚ, ਮਾਇਆ ਦੇ ਰੋਗ ਵਿਚ, ਫਸੇ ਰਹਿੰਦੇ ਹਨ, ਆਤਮਕ ਮੌਤ ਸਹੇੜ ਕੇ ਉਹ ਜਨਮਾਂ ਦੇ ਗੇੜ ਵਿਚ ਪਏ ਰਹਿੰਦੇ ਹਨ, ਉਹਨਾਂ ਨੂੰ ਦੁੱਖ ਚੰਬੜਿਆ ਰਹਿੰਦਾ ਹੈ।
32939	768	ਮਰਿ ਜਨਮਹਿ ਦੁਖੁ ਹੋਈ ਦੂਜੈ ਭਾਇ ਪਰਜ ਵਿਗੋਈ ਵਿਣੁ ਗੁਰ ਤਤੁ ਨ ਜਾਨਿਆ॥	(ਪਰਜ)ਪਰਜਾ। (ਵਿਗੋਈ)ਖ਼ਰਾਬ ਹੋਈ	Mar Janamehi Dhukh Hoee Dhoojai Bhaae Paraj Vigoee Vin Gur Thath N Jaaniaa ||	The world suffers the pains of death and rebirth, and through the love of duality, it is ruined; without the Guru, the essence of reality is not known.	ਹੇ ਭਾਈ! ਮਾਇਆ ਦੇ ਮੋਹ ਵਿਚ ਫਸ ਕੇ ਦੁਨੀਆ ਖ਼ੁਆਰ ਹੁੰਦੀ ਹੈ। ਗੁਰੂ ਦੀ ਸਰਨ ਪੈਣ ਤੋਂ ਬਿਨਾ ਕੋਈ ਭੀ ਅਸਲੀਅਤ ਨੂੰ ਨਹੀਂ ਸਮਝਦਾ।
32940	768	ਭਗਤਿ ਵਿਹੂਣਾ ਸਭੁ ਜਗੁ ਭਰਮਿਆ ਅੰਤਿ ਗਇਆ ਪਛੁਤਾਨਿਆ॥		Bhagath Vihoonaa Sabh Jag Bharamiaa Anth Gaeiaa Pashhuthaaniaa ||	Without devotional worship, everyone in the world is deluded and confused, and in the end, they depart with regrets.	ਭਗਤੀ ਤੋਂ ਸੱਖਣਾ ਸਾਰਾ ਜਗਤ ਹੀ ਭਟਕਦਾ ਫਿਰਦਾ ਹੈ, ਤੇ, ਆਖ਼ਰ ਹੱਥ ਮਲਦਾ (ਦੁਨੀਆ ਤੋਂ) ਜਾਂਦਾ ਹੈ।
32941	769	ਕੋਟਿ ਮਧੇ ਕਿਨੈ ਪਛਾਣਿਆ ਹਰਿ ਨਾਮਾ ਸਚੁ ਸੋਈ॥		Kott Madhhae Kinai Pashhaaniaa Har Naamaa Sach Soee ||	Among millions, there is scarcely one who realizes the Name of the True Lord.	ਕ੍ਰੋੜਾਂ ਵਿਚੋਂ ਕਿਸੇ ਵਿਰਲੇ ਮਨੁੱਖ ਨੇ ਇਹ ਗੱਲ ਸਮਝੀ ਹੈ ਕਿ ਪਰਮਾਤਮਾ ਦਾ ਨਾਮ ਹੀ ਸਦਾ ਕਾਇਮ ਰਹਿਣ ਵਾਲਾ ਹੈ।

32942	769	ਨਾਨਕ ਨਾਮਿ ਮਿਲੈ ਵਡਿਆਈ ਦੂਜੈ ਭਾਇ ਪਤਿ ਖੋਈ॥੩॥		Naanak Naam Milai Vaddiaaee Dhoojai Bhaae Path Khoee ||3||	O Nanak, through the Naam, greatness is obtained; in the love of duality, all honor is lost. ||3||	ਹੇ ਨਾਨਕ! ਨਾਮ ਵਿਚ ਜੁੜਿਆਂ ਹੀ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ, ਅਤੇ, ਮਾਇਆ ਦੇ ਮੋਹ ਵਿਚ ਮਨੁੱਖ ਇੱਜ਼ਤ ਗਵਾ ਲੈਂਦਾ ਹੈ ॥੩॥
32943	769	ਭਗਤਾ ਕੈ ਘਰਿ ਕਾਰਜੁ ਸਾਚਾ ਹਰਿ ਗੁਣ ਸਦਾ ਵਖਾਣੇ ਰਾਮ॥		Bhagathaa Kai Ghar Kaaraj Saachaa Har Gun Sadhaa Vakhaanae Raam ||	In the home of the devotees, is the joy of true marriage; they chant the Glorious Praises of the Lord forever.	ਪਰਮਾਤਮਾ ਦੇ ਗੁਣ ਸਦਾ ਗਾਂਦੇ ਰਹਿਣ ਕਰ ਕੇ ਭਗਤਾਂ ਦੇ ਹਿਰਦੇ-ਘਰ ਵਿਚ ਇਹ ਆਹਰ ਸਦਾ ਲਈ ਬਣਿਆ ਰਹਿੰਦਾ ਹੈ।
32944	769	ਭਗਤਿ ਖਜਾਨਾ ਆਪੇ ਦੀਆ ਕਾਲੁ ਕੰਟਕੁ ਮਾਰਿ ਸਮਾਣੇ ਰਾਮ॥		Bhagath Khajaanaa Aapae Dheeaa Kaal Kanttak Maar Samaanae Raam ||	He Himself blesses them with the treasure of devotion; conquering the thorny pain of death, they merge in the Lord.	ਭਗਤੀ ਦਾ ਖ਼ਜ਼ਾਨਾ ਪਰਮਾਤਮਾ ਨੇ ਆਪ ਹੀ ਆਪਣੇ ਭਗਤਾਂ ਨੂੰ ਦਿੱਤਾ ਹੋਇਆ ਹੈ, (ਇਸ ਦੀ ਬਰਕਤਿ ਨਾਲ ਉਹ) ਦੁਖਦਾਈ ਮੌਤ ਦੇ ਡਰ ਨੂੰ ਮਾਰ-ਮੁਕਾ ਕੇ (ਪਰਮਾਤਮਾ ਵਿਚ) ਲੀਨ ਰਹਿੰਦੇ ਹਨ।
32945	769	ਕਾਲੁ ਕੰਟਕੁ ਮਾਰਿ ਸਮਾਣੇ ਹਰਿ ਮਨਿ ਭਾਣੇ ਨਾਮੁ ਨਿਧਾਨੁ ਸਚੁ ਪਾਇਆ॥		Kaal Kanttak Maar Samaanae Har Man Bhaanae Naam Nidhhaan Sach Paaeiaa ||	Conquering the thorny pain of death, they merge in the Lord; they are pleasing to the Lord's Mind,and they obtain the true treasure of the Naam.	ਦੁਖਦਾਈ ਮੌਤ ਦੇ ਡਰ ਨੂੰ ਮੁਕਾ ਕੇ ਭਗਤ ਪਰਮਾਤਮਾ ਵਿਚ ਲੀਨ ਰਹਿੰਦੇ ਹਨ, ਪਰਮਾਤਮਾ ਦੇ ਮਨ ਵਿਚ ਪਿਆਰੇ ਲੱਗਦੇ ਹਨ, (ਪਰਮਾਤਮਾ ਪਾਸੋਂ ਭਗਤ) ਸਦਾ ਕਾਇਮ ਰਹਿਣ ਵਾਲਾ ਨਾਮ-ਖ਼ਜ਼ਾਨਾ ਪ੍ਰਾਪਤ ਕਰ ਲੈਂਦੇ ਹਨ।

32946	769	ਸਦਾ ਅਖੁਟੁ ਕਦੇ ਨ ਨਿਖੁਟੈ ਹਰਿ ਦੀਆ ਸਹਜਿ ਸੁਭਾਇਆ॥	ਅ-ਖੁੱਟੁ	Sadhaa Akhutt Kadhae N Nikhuttai Har Dheeaa Sehaj Subhaaeiaa ||	This treasure is inexhaustible; it will never be exhausted. The Lord automatically blesses them with it.	ਇਹ ਖ਼ਜ਼ਾਨਾ ਅਮੁੱਕ ਹੈ, ਕਦੇ ਨਹੀਂ ਮੁੱਕਦਾ। ਪਰਮਾਤਮਾ ਨੇ ਉਹਨਾਂ ਨੂੰ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਟਿਕੇ ਹੋਇਆਂ ਨੂੰ ਇਹ ਖ਼ਜ਼ਾਨਾ ਦੇ ਦਿੱਤਾ।
32947	769	ਹਰਿ ਜਨ ਊਚੇ ਸਦ ਹੀ ਊਚੇ ਗੁਰ ਕੈ ਸਬਦਿ ਸੁਹਾਇਆ॥		Har Jan Oochae Sadh Hee Oochae Gur Kai Sabadh Suhaaeiaa ||	The humble servants of the Lord are exalted and elevated, forever on high; they are adorned with the Word of the Guru's Shabad.	(ਇਸ ਖ਼ਜ਼ਾਨੇ ਦਾ ਸਦਕਾ) ਭਗਤ ਸਦਾ ਹੀ ਉੱਚੇ ਆਤਮਕ ਮੰਡਲ ਵਿਚ ਟਿਕੇ ਰਹਿੰਦੇ ਹਨ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਦਾ ਜੀਵਨ ਸੋਹਣਾ ਬਣ ਜਾਂਦਾ ਹੈ।
32948	769	ਨਾਨਕ ਆਪੇ ਬਖਸਿ ਮਿਲਾਏ ਜੁਗਿ ਜੁਗਿ ਸੋਭਾ ਪਾਇਆ ॥੪॥੧॥੨॥		Naanak Aapae Bakhas Milaaeae Jug Jug Sobhaa Paaeiaa ||4||1||2||	O Nanak, He Himself forgives them, and merges them with Himself; throughout the ages, they are glorified. ||4||1||2||	ਹੇ ਨਾਨਕ! ਪਰਮਾਤਮਾ ਆਪ ਹੀ ਮੇਹਰ ਕਰ ਕੇ ਉਹਨਾਂ ਨੂੰ ਚਰਨਾਂ ਵਿਚ ਜੋੜੀ ਰੱਖਦਾ ਹੈ, ਹਰੇਕ ਜੁਗ ਵਿਚ ਉਹ ਸੋਭਾ ਖੱਟਦੇ ਹਨ ॥੪॥੧॥੨॥
32949	769	ਸੂਹੀ ਮਹਲਾ ੩॥		Soohee Mehalaa 3 ||	Soohee, Third Mehl:	
32950	769	ਸਬਦਿ ਸਚੈ ਸਚੁ ਸੋਹਿਲਾ ਜਿਥੈ ਸਚੇ ਕਾ ਹੋਇ ਵੀਚਾਰੋ ਰਾਮ॥		Sabadh Sachai Sach Sohilaa Jithhai Sachae Kaa Hoe Veechaaro Raam ||	Through the True Word of the Shabad, true happiness prevails, there where the True Lord is contemplated.	ਹੇ ਭਾਈ! ਜਿਸ ਮਨੁੱਖ ਦੇ ਹਿਰਦੇ-ਘਰ ਵਿਚ ਸੱਚੇ ਸ਼ਬਦ ਦੀ ਰਾਹੀਂ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਹੁੰਦਾ ਰਹਿੰਦਾ ਹੈ, ਸਦਾ-ਥਿਰ ਪ੍ਰਭੂ ਦੇ ਗੁਣਾਂ ਦੀ ਵਿਚਾਰ ਹੁੰਦੀ ਰਹਿੰਦੀ ਹੈ,

32951	769	ਹਉਮੈ ਸਭਿ ਕਿਲਵਿਖ ਕਾਟੇ ਸਾਚੁ ਰਖਿਆ ਉਰਿ ਧਾਰੇ ਰਾਮ॥		Houmai Sabh Kilavikh Kaattae Saach Rakhiaa Our Dhhaarae Raam ||	Egotism and all sins are eradicated, when one keeps the True Lord enshrined in the heart.	ਉਸ ਦੇ ਅੰਦਰੋਂ ਹਉਮੈ ਆਦਿਕ ਸਾਰੇ ਪਾਪ ਕੱਟੇ ਜਾਂਦੇ ਹਨ, ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ।
32952	769	ਸਚੁ ਰਖਿਆ ਉਰ ਧਾਰੇ ਦੁਤਰੁ ਤਾਰੇ ਫਿਰਿ ਭਵਜਲੁ ਤਰਣੁ ਨ ਹੋਈ॥	ਦੁੱਤ-ਰੁ	Sach Rakhiaa Our Dhhaarae Dhuthar Thaarae Fir Bhavajal Tharan N Hoee ||	One who keeps the True Lord enshrined in the heart, crosses over the terrible and dreadful world-ocean; he shall not have to cross over it again.	ਉਹ ਮਨੁੱਖ ਸਦਾ-ਥਿਰ ਪ੍ਰਭੂ ਨੂੰ ਹਿਰਦੇ ਵਿਚ ਵਸਾਈ ਰੱਖਦਾ ਹੈ, ਔਖੇ ਤਰੇ ਜਾਣ ਵਾਲੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ। ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਦੀ ਮੁੜ ਮੁੜ ਉਸ ਨੂੰ ਲੋੜ ਨਹੀਂ ਰਹਿੰਦੀ।
32953	769	ਸਚਾ ਸਤਿਗੁਰੁ ਸਚੀ ਬਾਣੀ ਜਿਨਿ ਸਚੁ ਵਿਖਾਲਿਆ ਸੋਈ॥		Sachaa Sathigur Sachee Baanee Jin Sach Vikhaaliaa Soee ||	True is the True Guru, and True is the Word of His Bani; through it, the True Lord is seen.	ਹੇ ਭਾਈ! ਜਿਸ ਗੁਰੂ ਨੇ ਉਸ ਨੂੰ ਸਦਾ-ਥਿਰ ਪ੍ਰਭੂ ਦਾ ਦਰਸਨ ਕਰਾ ਦਿੱਤਾ ਹੈ, ਉਹ ਆਪ ਭੀ ਸਦਾ-ਥਿਰ ਪ੍ਰਭੂ ਦਾ ਰੂਪ ਹੈ, ਉਸ ਦੀ ਬਾਣੀ ਪ੍ਰਭੂ ਦੀ ਸਿਫ਼ਤਿ-ਸਾਲਾਹ ਨਾਲ ਭਰਪੂਰ ਹੈ।
32954	769	ਸਾਚੇ ਗੁਣ ਗਾਵੈ ਸਚਿ ਸਮਾਵੈ ਸਚੁ ਵੇਖੈ ਸਭੁ ਸੋਈ॥		Saachae Gun Gaavai Sach Samaavai Sach Vaekhai Sabh Soee ||	One who sings the Glorious Praises of the True Lord merges in Truth; he beholds the True Lord everywhere.	(ਗੁਰੂ ਦੀ ਕਿਰਪਾ ਨਾਲ) ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦਾ ਰਹਿੰਦਾ ਹੈ, ਉਸ ਵਿਚ ਹੀ ਲੀਨ ਰਹਿੰਦਾ ਹੈ, ਅਤੇ ਉਸ ਨੂੰ ਹਰ ਥਾਂ ਵੱਸਿਆ ਵੇਖਦਾ ਹੈ।

32955	769	ਨਾਨਕ ਸਾਚਾ ਸਾਹਿਬੁ ਸਾਚੀ ਨਾਈ ਸਚੁ ਨਿਸਤਾਰਾ ਹੋਈ॥੧॥		Naanak Saachaa Saahib Saachee Naaee Sach Nisathaaraa Hoee ||1||	O Nanak, True is the Lord and Master, and True is His Name; through Truth, comes emancipation. ||1||	ਹੇ ਨਾਨਕ! ਜੇਹੜਾ ਪਰਮਾਤਮਾ ਆਪ ਸਦਾ-ਥਿਰ ਹੈ, ਜਿਸ ਦੀ ਵਡਿਆਈ ਸਦਾ-ਥਿਰ ਹੈ ਉਹ ਉਸ ਮਨੁੱਖ ਦਾ ਸਦਾ ਲਈ ਪਾਰ-ਉਤਾਰਾ ਕਰ ਦੇਂਦਾ ਹੈ ॥੧॥
32956	769	ਸਾਚੈ ਸਤਿਗੁਰਿ ਸਾਚੁ ਬੁਝਾਇਆ ਪਤਿ ਰਾਖੈ ਸਚੁ ਸੋਈ ਰਾਮ॥	ਬੁੱਝਾਇਆ	Saachai Sathigur Saach Bujhaaeiaa Path Raakhai Sach Soee Raam ||	The True Guru reveals the True Lord; the True Lord preserves our honor.	ਹੇ ਭਾਈ! ਸਦਾ-ਥਿਰ ਪ੍ਰਭੂ ਦੇ ਰੂਪ ਗੁਰੂ ਨੇ ਜਿਸ ਮਨੁੱਖ ਨੂੰ ਸਦਾ-ਥਿਰ ਪ੍ਰਭੂ ਦਾ ਗਿਆਨ ਦੇ ਦਿੱਤਾ ਉਸ ਦੀ ਲਾਜ ਸਦਾ-ਥਿਰ ਪ੍ਰਭੂ ਆਪ ਰੱਖਦਾ ਹੈ।
32957	769	ਸਚਾ ਭੋਜਨੁ ਭਾਉ ਸਚਾ ਹੈ ਸਚੈ ਨਾਮਿ ਸੁਖੁ ਹੋਈ ਰਾਮ॥		Sachaa Bhojan Bhaao Sachaa Hai Sachai Naam Sukh Hoee Raam ||	The true food is love for the True Lord; through the True Name, peace is obtained.	ਪ੍ਰਭੂ-ਚਰਨਾਂ ਨਾਲ ਅਟੱਲ ਪਿਆਰ ਉਸ ਮਨੁੱਖ ਦੀ ਆਤਮਕ ਖ਼ੁਰਾਕ ਬਣ ਜਾਂਦਾ ਹੈ, ਸਦਾ-ਥਿਰ ਹਰਿ-ਨਾਮ ਉਸ ਨੂੰ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ।
32958	769	ਸਾਚੈ ਨਾਮਿ ਸੁਖੁ ਹੋਈ ਮਰੈ ਨ ਕੋਈ ਗਰਭਿ ਨ ਜੂਨੀ ਵਾਸਾ॥		Saachai Naam Sukh Hoee Marai N Koee Garabh N Joonee Vaasaa ||	Through the True Name, the mortal finds peace; he shall never die, and never again enter the womb of reincarnation.	ਜਿਸ ਭੀ ਮਨੁੱਖ ਨੂੰ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਆਤਮਕ ਆਨੰਦ ਲੱਭਦਾ ਹੈ, ਉਹ ਕਦੇ ਆਤਮਕ ਮੌਤ ਨਹੀਂ ਸਹੇੜਦਾ, ਉਹ ਜਨਮ ਮਰਨ ਦੇ ਗੇੜ ਵਿਚ ਜੂਨਾਂ ਵਿਚ ਨਹੀਂ ਪੈਂਦਾ।

32959	769	ਜੋਤੀ ਜੋਤਿ ਮਿਲਾਈ ਸਚਿ ਸਮਾਈ ਸਚਿ ਨਾਇ ਪਰਗਾਸਾ॥		Jothee Joth Milaaee Sach Samaaee Sach Naae Paragaasaa ||	His light blends with the Light, and he merges into the True Lord; he is illuminated and enlightened with the True Name.	(ਗੁਰੂ ਨੇ ਜਿਸ ਮਨੁੱਖ ਦੀ) ਸੁਰਤ ਪਰਮਾਤਮਾ ਦੀ ਜੋਤਿ ਵਿਚ ਮਿਲਾ ਦਿੱਤੀ, ਉਹ ਮਨੁੱਖ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਜਾਂਦਾ ਹੈ, ਸਦਾ-ਥਿਰ ਹਰਿ-ਨਾਮ ਦੀ ਬਰਕਤਿ ਨਾਲ (ਉਸ ਦੇ ਅੰਦਰ ਆਤਮਕ ਜੀਵਨ ਦਾ) ਚਾਨਣ ਪੈਦਾ ਹੋ ਜਾਂਦਾ ਹੈ।
32960	769	ਜਿਨੀ ਸਚੁ ਜਾਤਾ ਸੇ ਸਚੇ ਹੋਏ ਅਨ ਦਿਨੁ ਸਚੁ ਧਿਆਇਨਿ॥		Jinee Sach Jaathaa Sae Sachae Hoeae Anadhin Sach Dhhiaaein ||	Those who know the Truth are True; night and day, they meditate on Truth.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਸਦਾ-ਥਿਰ ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ ਉਹ ਉਸੇ ਦਾ ਰੂਪ ਬਣ ਗਏ, ਉਹ ਹਰ ਵੇਲੇ ਉਸ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਦੇ ਰਹਿੰਦੇ ਹਨ।
32961	769	ਨਾਨਕ ਸਚੁ ਨਾਮੁ ਜਿਨ ਹਿਰਦੈ ਵਸਿਆ ਨਾ ਵੀਛੁੜਿ ਦੁਖੁ ਪਾਇਨਿ॥੨॥		Naanak Sach Naam Jin Hiradhai Vasiaa Naa Veeshhurr Dhukh Paaein ||2||	O Nanak, those whose hearts are filled with the True Name, never suffer the pains of separation. ||2||	ਹੇ ਨਾਨਕ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਦਾ ਨਾਮ ਵੱਸ ਪੈਂਦਾ ਹੈ, ਉਹ ਫਿਰ ਪਰਮਾਤਮਾ ਦੇ ਚਰਨਾਂ ਤੋਂ ਵਿਛੁੜ ਕੇ ਦੁੱਖ ਨਹੀਂ ਪਾਂਦੇ ॥੨॥

32962	769	ਸਚੀ ਬਾਣੀ ਸਚੇ ਗੁਣ ਗਾਵਹਿ ਤਿਤੁ ਘਰਿ ਸੋਹਿਲਾ ਹੋਈ ਰਾਮ॥		Sachee Baanee Sachae Gun Gaavehi Thith Ghar Sohilaa Hoee Raam ||	In that home, and in that heart, where the True Bani of the Lord's True Praises are sung, the songs of joy resound.	ਹੇ ਭਾਈ! (ਜੇਹੜੇ ਮਨੁੱਖ ਆਪਣੇ ਹਿਰਦੇ ਵਿਚ) ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦੇ ਹਨ (ਉਹਨਾਂ ਦੀ) ਉਸ ਹਿਰਦੇ-ਘਰ ਵਿਚ ਆਨੰਦ ਦੀ ਰੌ ਬਣੀ ਰਹਿੰਦੀ ਹੈ।
32963	769	ਨਿਰਮਲ ਗੁਣ ਸਾਚੇ ਤਨੁ ਮਨੁ ਸਾਚਾ ਵਿਚਿ ਸਾਚਾ ਪੁਰਖੁ ਪ੍ਰਭੁ ਸੋਈ ਰਾਮ॥		Niramal Gun Saachae Than Man Saachaa Vich Saachaa Purakh Prabh Soee Raam ||	Through the immaculate virtues of the True Lord, the body and mind are rendered True, and God, the True Primal Being, dwells within.	ਸਦਾ-ਥਿਰ ਪ੍ਰਭੂ ਦੇ ਪਵਿਤ੍ਰ ਗੁਣਾਂ ਦੀ ਬਰਕਤਿ ਨਾਲ ਉਹਨਾਂ ਦਾ ਮਨ ਉਹਨਾਂ ਦਾ ਤਨ (ਵਿਕਾਰਾਂ ਵਲੋਂ) ਅਡੋਲ ਹੋ ਜਾਂਦਾ ਹੈ। ਉਹਨਾਂ ਦੇ ਅੰਦਰ ਸਦਾ-ਥਿਰ ਪ੍ਰਭੂ-ਪੁਰਖ ਪਰਤੱਖ ਪਰਗਟ ਹੋ ਜਾਂਦਾ ਹੈ।
32964	769	ਸਭੁ ਸਚੁ ਵਰਤੈ ਸਚੋ ਬੋਲੈ ਜੋ ਸਚੁ ਕਰੈ ਸੁ ਹੋਈ॥		Sabh Sach Varathai Sacho Bolai Jo Sach Karai S Hoee ||	Such a person practices only Truth, and speaks only Truth; whatever the True Lord does, that alone comes to pass.	(ਉਹਨਾਂ ਨੂੰ ਯਕੀਨ ਬਣ ਜਾਂਦਾ ਹੈ ਕਿ) ਹਰ ਥਾਂ ਸਦਾ-ਥਿਰ ਪ੍ਰਭੂ ਕੰਮ ਕਰ ਰਿਹਾ ਹੈ, ਉਹ ਹੀ ਬੋਲ ਰਿਹਾ ਹੈ, ਜੋ ਕੁਝ ਉਹ ਕਰਦਾ ਹੈ ਉਹੀ ਹੁੰਦਾ ਹੈ।
32965	769	ਜਹ ਦੇਖਾ ਤਹ ਸਚੁ ਪਸਰਿਆ ਅਵਰੁ ਨ ਦੂਜਾ ਕੋਈ॥		Jeh Dhaekhaa Theh Sach Pasariaa Avar N Dhoojaa Koee ||	Wherever I look, there I see the True Lord pervading; there is no other at all.	ਜਿਧਰ ਵੀ ਉਹਨਾਂ ਨਿਗਾਹ ਕੀਤੀ, ਉਧਰ ਹੀ ਉਹਨਾਂ ਨੂੰ ਸਦਾ-ਥਿਰ ਪ੍ਰਭੂ ਦਾ ਪਸਾਰਾ ਦਿੱਸਿਆ। ਪ੍ਰਭੂ ਤੋਂ ਬਿਨਾ ਉਹਨਾਂ ਨੂੰ (ਕਿਤੇ ਭੀ) ਕੋਈ ਹੋਰ ਨਹੀਂ ਦਿੱਸਦਾ।

32966	769	ਸਚੇ ਉਪਜੈ ਸਚਿ ਸਮਾਵੈ ਮਰਿ ਜਨਮੈ ਦੂਜਾ ਹੋਈ॥		Sachae Oupajai Sach Samaavai Mar Janamai Dhoojaa Hoee ||	From the True Lord, we emanate, and into the True Lord, we shall merge; death and birth come from duality.	ਹੇ ਭਾਈ! ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਤੋਂ ਨਵਾਂ ਆਤਮਕ ਜੀਵਨ ਪ੍ਰਾਪਤ ਕਰਦਾ ਹੈ, ਉਹ ਸਦਾ-ਥਿਰ ਪ੍ਰਭੂ ਵਿਚ ਹੀ ਲੀਨ ਰਹਿੰਦਾ ਹੈ। ਪਰ ਮਾਇਆ ਨਾਲ ਪਿਆਰ ਕਰਨ ਵਾਲਾ ਜਨਮ ਮਰਨ ਵਿਚ ਪਿਆ ਰਹਿੰਦਾ ਹੈ।
32967	769	ਨਾਨਕ ਸਭੁ ਕਿਛੁ ਆਪੇ ਕਰਤਾ ਆਪਿ ਕਰਾਵੈ ਸੋਈ॥੩॥		Naanak Sabh Kishh Aapae Karathaa Aap Karaavai Soee ||3||	O Nanak, He Himself does everything; He Himself is the Cause. ||3||	ਹੇ ਨਾਨਕ! ਕਰਤਾਰ ਆਪ ਹੀ ਸਭ ਕੁਝ ਕਰ ਰਿਹਾ ਹੈ, ਆਪ ਹੀ ਜੀਵਾਂ ਪਾਸੋਂ ਕਰਾ ਰਿਹਾ ਹੈ ॥੩॥
32968	769	ਸਚੇ ਭਗਤ ਸੋਹਹਿ ਦਰਵਾਰੇ ਸਚੋ ਸਚੁ ਵਖਾਣੇ ਰਾਮ॥		Sachae Bhagath Sohehi Dharavaarae Sacho Sach Vakhaanae Raam ||	The true devotees look beautiful in the Darbaar of the Lord's Court. They speak Truth, and only Truth.	ਹੇ ਭਾਈ! ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਭਗਤ ਉਸ ਸਦਾ-ਥਿਰ ਪ੍ਰਭੂ ਦਾ ਨਾਮ ਹੀ ਹਰ ਵੇਲੇ ਉਚਾਰ ਉਚਾਰ ਕੇ ਉਸ ਦੀ ਹਜ਼ੂਰੀ ਵਿਚ ਸੋਭਾ ਪਾਂਦੇ ਹਨ।
32969	769	ਘਟ ਅੰਤਰੇ ਸਾਚੀ ਬਾਣੀ ਸਾਚੋ ਆਪਿ ਪਛਾਣੇ ਰਾਮ॥		Ghatt Antharae Saachee Baanee Saacho Aap Pashhaanae Raam ||	Deep within the nucleus of their heart, is the True Word of the Lord's Bani. Through the Truth, they understand themselves.	ਉਹਨਾਂ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਸਦਾ ਵੱਸਦੀ ਹੈ। ਉਹ ਸਦਾ-ਥਿਰ ਪ੍ਰਭੂ ਨੂੰ ਆਪਣੇ ਅੰਦਰ ਵੱਸਦਾ ਵੇਖਦੇ ਹਨ।

32970	769	ਆਪੁ ਪਛਾਣਹਿ ਤਾ ਸਚੁ ਜਾਣਹਿ ਸਾਚੇ ਸੋਝੀ ਹੋਈ॥		Aap Pashhaanehi Thaa Sach Jaanehi Saachae Sojhee Hoee ||	They understand themselves, and so know the True Lord, through their true intuition.	ਜਦੋਂ ਭਗਤ-ਜਨ ਆਪਣੇ ਆਤਮਕ ਜੀਵਨ ਦੀ ਪੜਤਾਲ ਕਰਦੇ ਹਨ, ਤਦੋਂ ਉਹ ਸਦਾ-ਥਿਰ ਪ੍ਰਭੂ ਨਾਲ ਡੂੰਘੀ ਸਾਂਝ ਪਾਂਦੇ ਹਨ, ਉਹਨਾਂ ਨੂੰ ਉਸ ਸਦਾ-ਥਿਰ ਪ੍ਰਭੂ ਦੀ ਜਾਣ-ਪਛਾਣ ਹੋ ਜਾਂਦੀ ਹੈ।
32971	769	ਸਚਾ ਸਬਦੁ ਸਚੀ ਹੈ ਸੋਭਾ ਸਾਚੇ ਹੀ ਸੁਖੁ ਹੋਈ॥		Sachaa Sabadh Sachee Hai Sobhaa Saachae Hee Sukh Hoee ||	True is the Shabad, and True is its Glory; peace comes only from Truth.	ਉਹਨਾਂ ਦੇ ਅੰਦਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲਾ ਗੁਰ-ਸ਼ਬਦ ਵੱਸਦਾ ਰਹਿੰਦਾ ਹੈ, (ਇਸ ਕਰ ਕੇ ਲੋਕ ਪਰਲੋਕ ਵਿਚ) ਉਹਨਾਂ ਨੂੰ ਸਦਾ ਲਈ ਸੋਭਾ ਮਿਲ ਜਾਂਦੀ ਹੈ। ਪ੍ਰਭੂ ਵਿਚ ਜੁੜਨ ਕਰ ਕੇ ਉਹਨਾਂ ਨੂੰ ਆਤਮਕ ਆਨੰਦ ਮਿਲਿਆ ਰਹਿੰਦਾ ਹੈ।
32972	769	ਸਾਚਿ ਰਤੇ ਭਗਤ ਇਕ ਰੰਗੀ ਦੂਜਾ ਰੰਗੁ ਨ ਕੋਈ॥		Saach Rathae Bhagath Eik Rangee Dhoojaa Rang N Koee ||	Imbued with Truth, the devotees love the One Lord; they do not love any other.	ਸਦਾ ਕਾਇਮ ਰਹਿਣ ਵਾਲੇ ਪਰਮਾਤਮਾ (ਦੇ ਪ੍ਰੇਮ-ਰੰਗ) ਵਿਚ ਰੰਗੇ ਹੋਏ ਭਗਤ ਜਨ ਇਕੋ ਪ੍ਰਭੂ-ਪ੍ਰੇਮ ਦੇ ਰੰਗ ਵਿਚ ਹੀ ਰਹਿੰਦੇ ਹਨ। ਕੋਈ ਹੋਰ (ਮਾਇਆ ਦੇ ਮੋਹ ਆਦਿਕ ਦਾ) ਰੰਗ ਉਹਨਾਂ ਨੂੰ ਨਹੀਂ ਚੜ੍ਹਦਾ।

32973	769	ਨਾਨਕ ਜਿਸ ਕਉ ਮਸਤਕਿ ਲਿਖਿਆ ਤਿਸੁ ਸਚੁ ਪਰਾਪਤਿ ਹੋਈ॥੪॥੨॥੩॥		Naanak Jis Ko Masathak Likhiaa This Sach Paraapath Hoee ||4||2||3||	O Nanak, he alone obtains the True Lord, who has such pre-ordained destiny written upon his forehead. ||4||2||3||	ਹੇ ਨਾਨਕ! ਜਿਸ ਮਨੁੱਖ ਦੇ ਮੱਥੇ ਉਤੇ (ਪ੍ਰਭੂ-ਮਿਲਾਪ ਦਾ ਲੇਖ) ਲਿਖਿਆ ਹੁੰਦਾ ਹੈ, ਉਸ ਨੂੰ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਮਿਲਾਪ ਪ੍ਰਾਪਤ ਹੋ ਜਾਂਦਾ ਹੈ ॥੪॥੨॥੩॥
32974	769	ਸੂਹੀ ਮਹਲਾ ੩॥		Soohee Mehalaa 3 ||	Soohee, Third Mehl:	
32975	769	ਜੁਗ ਚਾਰੇ ਧਨ ਜੇ ਭਵੈ ਬਿਨੁ ਸਤਿਗੁਰ ਸੋਹਾਗੁ ਨ ਹੋਈ ਰਾਮ॥		Jug Chaarae Dhhan Jae Bhavai Bin Sathigur Sohaag N Hoee Raam ||	The soul-bride may wander throughout the four ages, but still, without the True Guru, she will not find her True Husband Lord.	ਹੇ ਭਾਈ! (ਜੁਗ ਚਾਹੇ ਕੋਈ ਭੀ ਹੋਵੇ) ਗੁਰੂ (ਦੀ ਸਰਨ ਪੈਣ) ਤੋਂ ਬਿਨਾ ਖਸਮ-ਪ੍ਰਭੂ ਦਾ ਮਿਲਾਪ ਨਹੀਂ ਹੁੰਦਾ, ਜੀਵ-ਇਸਤ੍ਰੀ ਭਾਵੇਂ ਚੌਹਾਂ ਜੁਗਾਂ ਵਿਚ ਭਟਕਦੀ ਫਿਰੇ।
32976	770	ਨਿਹਚਲੁ ਰਾਜੁ ਸਦਾ ਹਰਿ ਕੇਰਾ ਤਿਸੁ ਬਿਨੁ ਅਵਰੁ ਨ ਕੋਈ ਰਾਮ॥		Nihachal Raaj Sadhaa Har Kaeraa This Bin Avar N Koee Raam ||	The Kingdom of the Lord is permanent, and forever unchanging; there is no other than Him.	ਉਸ ਪ੍ਰਭੂ-ਪਤੀ ਦਾ ਹੁਕਮ ਅਟੱਲ ਹੈ (ਕਿ ਗੁਰੂ ਦੀ ਰਾਹੀਂ ਹੀ ਉਸ ਦਾ ਮਿਲਾਪ ਪ੍ਰਾਪਤ ਹੁੰਦਾ ਹੈ)। ਉਸ ਤੋਂ ਬਿਨਾ ਕੋਈ ਹੋਰ ਉਸ ਦੀ ਬਰਾਬਰੀ ਦਾ ਨਹੀਂ (ਜੋ ਇਸ ਹੁਕਮ ਨੂੰ ਬਦਲਾਅ ਸਕੇ)।

32977	770	ਤਿਸੁ ਬਿਨੁ ਅਵਰੁ ਨ ਕੋਈ ਸਦਾ ਸਚੁ ਸੋਈ ਗੁਰਮੁਖਿ ਏਕੋ ਜਾਣਿਆ॥		This Bin Avar N Koee Sadhaa Sach Soee Guramukh Eaeko Jaaniaa ||	There is no other than Him - He is True forever; the Gurmukh knows the One Lord.	ਹੇ ਭਾਈ! ਉਸ ਪ੍ਰਭੂ ਤੋਂ ਬਿਨਾ ਉਸ ਵਰਗਾ ਹੋਰ ਕੋਈ ਨਹੀਂ। ਉਹ ਪ੍ਰਭੂ ਆਪ ਹੀ ਸਦਾ ਕਾਇਮ ਰਹਿਣ ਵਾਲਾ ਹੈ। ਗੁਰੂ ਦੇ ਸਨਮੁਖ ਰਹਿਣ ਵਾਲੀ ਜੀਵ-ਇਸਤ੍ਰੀ ਉਸ ਇੱਕ ਨਾਲ ਹੀ ਡੂੰਘੀ ਸਾਂਝ ਬਣਾਂਦੀ ਹੈ।
32978	770	ਧਨ ਪਿਰ ਮੇਲਾਵਾ ਹੋਆ ਗੁਰਮਤੀ ਮਨੁ ਮਾਨਿਆ॥		Dhhan Pir Maelaavaa Hoaa Guramathee Man Maaniaa ||	That soul-bride, whose mind accepts the Guru's Teachings, meets her Husband Lord.	ਜਦੋਂ ਗੁਰੂ ਦੀ ਮਤਿ ਉਤੇ ਤੁਰ ਕੇ ਜੀਵ-ਇਸਤ੍ਰੀ ਦਾ ਮਨ (ਪਰਮਾਤਮਾ ਦੀ ਯਾਦ ਵਿਚ) ਗਿੱਝ ਜਾਂਦਾ ਹੈ, ਤਦੋਂ ਜੀਵ-ਇਸਤ੍ਰੀ ਦਾ ਪ੍ਰਭੂ-ਪਤੀ ਨਾਲ ਮਿਲਾਪ ਹੋ ਜਾਂਦਾ ਹੈ।
32979	770	ਸਤਿਗੁਰੁ ਮਿਲਿਆ ਤਾ ਹਰਿ ਪਾਇਆ ਬਿਨੁ ਹਰਿ ਨਾਵੈ ਮੁਕਤਿ ਨ ਹੋਈ॥		Sathigur Miliaa Thaa Har Paaeiaa Bin Har Naavai Mukath N Hoee ||	Meeting the True Guru, she finds the Lord; without the Lord's Name, there is no liberation.	ਹੇ ਭਾਈ! ਜਦੋਂ ਗੁਰੂ ਮਿਲਦਾ ਹੈ ਤਦੋਂ ਹੀ ਪ੍ਰਭੂ ਦੀ ਪ੍ਰਾਪਤੀ ਹੁੰਦੀ ਹੈ (ਗੁਰੂ ਹੀ ਪ੍ਰਭੂ ਦਾ ਨਾਮ ਜੀਵ-ਇਸਤ੍ਰੀ ਦੇ ਹਿਰਦੇ ਵਿਚ ਵਸਾਂਦਾ ਹੈ, ਤੇ ਪਰਮਾਤਮਾ ਦੇ ਨਾਮ ਤੋਂ ਬਿਨਾ (ਮਾਇਆ ਦੇ ਬੰਧਨਾਂ ਤੋਂ) ਖ਼ਲਾਸੀ ਨਹੀਂ ਹੁੰਦੀ।
32980	770	ਨਾਨਕ ਕਾਮਣਿ ਕੰਤੈ ਰਾਵੇ ਮਨਿ ਮਾਨਿਐ ਸੁਖੁ ਹੋਈ॥੧॥		Naanak Kaaman Kanthai Raavae Man Maaniai Sukh Hoee ||1||	O Nanak, the soul-bride ravishes and enjoys her Husband Lord; her mind accepts Him, and she finds peace. ||1||	ਹੇ ਨਾਨਕ! ਜੇ ਮਨ ਪ੍ਰਭੂ ਦੀ ਯਾਦ ਵਿਚ ਗਿੱਝ ਜਾਏ, ਤਾਂ ਜੀਵ-ਇਸਤ੍ਰੀ ਪ੍ਰਭੂ ਦਾ ਮਿਲਾਪ ਮਾਣਦੀ ਹੈ, ਉਸ ਦੇ ਹਿਰਦੇ ਵਿਚ ਆਨੰਦ ਪੈਦਾ ਹੋਇਆ ਰਹਿੰਦਾ ਹੈ ॥੧॥

32981	770	ਸਤਿਗੁਰੁ ਸੇਵਿ ਧਨ ਬਾਲੜੀਏ ਹਰਿ ਵਰੁ ਪਾਵਹਿ ਸੋਈ ਰਾਮ॥		Sathigur Saev Dhhan Baalarreeeae Har Var Paavehi Soee Raam ||	Serve the True Guru, O young and innocent bride; thus you shall obtain the Lord as your Husband.	ਹੇ ਅੰਞਾਣ ਜਿੰਦੇ! ਗੁਰੂ ਦੀ ਦੱਸੀ ਕਾਰ ਕਰਿਆ ਕਰ, (ਇਸ ਤਰ੍ਹਾਂ ਤੂੰ ਪ੍ਰਭੂ-ਪਤੀ ਨੂੰ ਪ੍ਰਾਪਤ ਕਰ ਲਏਂਗੀ।
32982	770	ਸਦਾ ਹੋਵਹਿ ਸੋਹਾਗਣੀ ਫਿਰਿ ਮੈਲਾ ਵੇਸੁ ਨ ਹੋਈ ਰਾਮ॥		Sadhaa Hovehi Sohaaganee Fir Mailaa Vaes N Hoee Raam ||	You shall be the virtuous and happy bride of the True Lord forever; and you shall never again wear soiled clothes.	ਤੂੰ ਸਦਾ ਵਾਸਤੇ ਖਸਮ-ਵਾਲੀ ਹੋ ਜਾਏਂਗੀ, ਫਿਰ ਕਦੇ ਪ੍ਰਭੂ-ਪਤੀ ਨਾਲੋਂ ਵਿਛੋੜਾ ਨਹੀਂ ਹੋਏਗਾ!
32983	770	ਫਿਰਿ ਮੈਲਾ ਵੇਸੁ ਨ ਹੋਈ ਗੁਰਮੁਖਿ ਬੂਝੈ ਕੋਈ ਹਉਮੈ ਮਾਰਿ ਪਛਾਣਿਆ॥		Fir Mailaa Vaes N Hoee Guramukh Boojhai Koee Houmai Maar Pashhaaniaa ||	Your clothes shall never again be soiled; how rare are those few, who, as Gurmukh, recognize this, and conquer their ego.	ਕੋਈ ਵਿਰਲੀ ਜੀਵ-ਇਸਤ੍ਰੀ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਇਹ ਗੱਲ ਸਮਝਦੀ ਹੈ (ਕਿ ਗੁਰੂ ਦੀ ਰਾਹੀਂ ਪ੍ਰਭੂ ਨਾਲ ਮਿਲਾਪ ਹੋਇਆਂ) ਫਿਰ ਉਸ ਤੋਂ ਕਦੇ ਵਿਛੋੜਾ ਨਹੀਂ ਹੁੰਦਾ। ਉਹ ਜੀਵ-ਇਸਤ੍ਰੀ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ ਪ੍ਰਭੂ ਨਾਲ ਸਾਂਝ ਕਾਇਮ ਰੱਖਦੀ ਹੈ।
32984	770	ਕਰਣੀ ਕਾਰ ਕਮਾਵੈ ਸਬਦਿ ਸਮਾਵੈ ਅੰਤਰਿ ਏਕੋ ਜਾਣਿਆ॥		Karanee Kaar Kamaavai Sabadh Samaavai Anthar Eaeko Jaaniaa ||	So make your practice the practice of good deeds; merge into the Word of the Shabad, and deep within, come to know the One Lord.	ਉਹ ਜੀਵ-ਇਸਤ੍ਰੀ (ਪ੍ਰਭੂ-ਸਿਮਰਨ ਦੀ) ਕਰਨ-ਜੋਗ ਕਾਰ ਕਰਦੀ ਰਹਿੰਦੀ ਹੈ, ਗੁਰੂ ਦੇ ਸ਼ਬਦ ਵਿਚ ਲੀਨ ਰਹਿੰਦੀ ਹੈ, ਆਪਣੇ ਹਿਰਦੇ ਵਿਚ ਇਕ ਪ੍ਰਭੂ ਨਾਲ ਜੀਵ-ਇਸਤ੍ਰੀ ਪਛਾਣ ਪਾਈ ਰੱਖਦੀ ਹੈ।

32985	770	ਗੁਰਮੁਖਿ ਪ੍ਰਭੁ ਰਾਵੇ ਦਿਨੁ ਰਾਤੀ ਆਪਣਾ ਸਾਚੀ ਸੋਭਾ ਹੋਈ॥		Guramukh Prabh Raavae Dhin Raathee Aapanaa Saachee Sobhaa Hoee ||	The Gurmukh enjoys God, day and night, and so obtains true glory.	ਗੁਰੂ ਦੇ ਸਨਮੁਖ ਰਹਿਣ ਵਾਲੀ ਜੀਵ-ਇਸਤ੍ਰੀ ਦਿਨ ਰਾਤ ਆਪਣੇ ਪ੍ਰਭੂ ਦਾ ਨਾਮ ਸਿਮਰਦੀ ਰਹਿੰਦੀ ਹੈ, (ਲੋਕ ਪਰਲੋਕ ਵਿਚ) ਉਸ ਨੂੰ ਸਦਾ ਕਾਇਮ ਰਹਿਣ ਵਾਲੀ ਇੱਜ਼ਤ ਮਿਲਦੀ ਹੈ।
32986	770	ਨਾਨਕ ਕਾਮਣਿ ਪਿਰੁ ਰਾਵੇ ਆਪਣਾ ਰਵਿ ਰਹਿਆ ਪ੍ਰਭੁ ਸੋਈ॥੨॥		Naanak Kaaman Pir Raavae Aapanaa Rav Rehiaa Prabh Soee ||2||	O Nanak, the soul-bride enjoys and ravishes her Beloved; God is pervading and permeating everywhere. ||2||	ਹੇ ਨਾਨਕ! ਉਹ ਜੀਵ-ਇਸਤ੍ਰੀ ਆਪਣੇ ਉਸ ਪ੍ਰਭੂ-ਪਤੀ ਨੂੰ ਹਰ ਵੇਲੇ ਯਾਦ ਕਰਦੀ ਹੈ ਜੋ ਹਰ ਥਾਂ ਵਿਆਪਕ ਹੈ ॥੨॥
32987	770	ਗੁਰ ਕੀ ਕਾਰ ਕਰੇ ਧਨ ਬਾਲੜੀਏ ਹਰਿ ਵਰੁ ਦੇਇ ਮਿਲਾਏ ਰਾਮ॥	ਦੇ-ਇ	Gur Kee Kaar Karae Dhhan Baalarreeeae Har Var Dhaee Milaaeae Raam ||	Serve the Guru, O young and innocent soul-bride, and he will lead to you meet your Husband Lord.	ਹੇ ਅੰਞਾਣ ਜਿੰਦੇ! ਗੁਰੂ ਦੀ ਦੱਸੀ ਹੋਈ ਕਾਰ ਕਰਿਆ ਕਰ। ਗੁਰੂ ਪ੍ਰਭੂ-ਪਤੀ ਨਾਲ ਮਿਲਾ ਦੇਂਦਾ ਹੈ।
32988	770	ਹਰਿ ਕੈ ਰੰਗਿ ਰਤੀ ਹੈ ਕਾਮਣਿ ਮਿਲਿ ਪ੍ਰੀਤਮ ਸੁਖੁ ਪਾਏ ਰਾਮ॥		Har Kai Rang Rathee Hai Kaaman Mil Preetham Sukh Paaeae Raam ||	The bride is imbued with the Love of her Lord; meeting with her Beloved, she finds peace.	ਜੇਹੜੀ ਜੀਵ-ਇਸਤ੍ਰੀ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਜਾਂਦੀ ਹੈ, ਉਹ ਪਿਆਰੇ ਪ੍ਰਭੂ ਨੂੰ ਮਿਲ ਕੇ ਆਤਮਕ ਆਨੰਦ ਮਾਣਦੀ ਹੈ।

32989	770	ਮਿਲਿ ਪ੍ਰੀਤਮ ਸੁਖੁ ਪਾਏ ਸਚਿ ਸਮਾਏ ਸਚੁ ਵਰਤੈ ਸਭ ਥਾਈ॥	ਥਾਂਈਂ	Mil Preetham Sukh Paaeae Sach Samaaeae Sach Varathai Sabh Thhaaee ||	Meeting her Beloved, she finds peace, and merges in the True Lord; the True Lord is pervading everywhere.	ਪ੍ਰਭੂ-ਪ੍ਰੀਤਮ ਨੂੰ ਮਿਲ ਕੇ ਉਹ ਆਤਮਕ ਆਨੰਦ ਮਾਣਦੀ ਹੈ, ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦੀ ਹੈ, ਉਹ ਸਦਾ-ਥਿਰ ਪ੍ਰਭੂ ਉਸ ਨੂੰ ਸਭ ਥਾਵਾਂ ਵਿਚ ਵੱਸਦਾ ਦਿੱਸਦਾ ਹੈ।
32990	770	ਸਚਾ ਸੀਗਾਰੁ ਕਰੇ ਦਿਨੁ ਰਾਤੀ ਕਾਮਣਿ ਸਚਿ ਸਮਾਈ॥		Sachaa Seegaar Karae Dhin Raathee Kaaman Sach Samaaee ||	The bride makes Truth her decorations, day and night, and remains absorbed in the True Lord.	ਉਹ ਜੀਵ-ਇਸਤ੍ਰੀ ਸਦਾ-ਥਿਰ ਪ੍ਰਭੂ ਦੀ ਯਾਦ ਵਿਚ ਮਸਤ ਰਹਿੰਦੀ ਹੈ, ਇਹੀ ਸਦਾ ਕਾਇਮ ਰਹਿਣ ਵਾਲਾ (ਆਤਮਕ) ਸਿੰਗਾਰ ਉਹ ਦਿਨ ਰਾਤ ਕਰੀ ਰੱਖਦੀ ਹੈ।
32991	770	ਹਰਿ ਸੁਖਦਾਤਾ ਸਬਦਿ ਪਛਾਤਾ ਕਾਮਣਿ ਲਇਆ ਕੰਠਿ ਲਾਏ॥		Har Sukhadhaathaa Sabadh Pashhaathaa Kaaman Laeiaa Kanth Laaeae ||	The Lord, the Giver of peace, is realized through His Shabad; He hugs His bride close in His embrace.	ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਜੀਵ-ਇਸਤ੍ਰੀ ਸਾਰੇ ਸੁਖ ਦੇਣ ਵਾਲੇ ਪ੍ਰਭੂ ਨਾਲ ਸਾਂਝ ਪਾਂਦੀ ਹੈ, ਉਸ ਨੂੰ ਆਪਣੇ ਗਲ ਨਾਲ ਲਾਈ ਰੱਖਦੀ ਹੈ (ਗਲੇ ਵਿਚ ਪ੍ਰੋ ਲੈਂਦੀ ਹੈ, ਹਰ ਵੇਲੇ ਉਸ ਦਾ ਜਾਪ ਕਰਦੀ ਹੈ)।
32992	770	ਨਾਨਕ ਮਹਲੀ ਮਹਲੁ ਪਛਾਣੈ ਗੁਰਮਤੀ ਹਰਿ ਪਾਏ॥੩॥		Naanak Mehalee Mehal Pashhaanai Guramathee Har Paaeae ||3||	O Nanak, the bride obtains the Mansion of His Presence; through the Guru's Teachings, she finds her Lord. ||3||	ਹੇ ਨਾਨਕ! ਉਹ ਜੀਵ-ਇਸਤ੍ਰੀ ਮਾਲਕ-ਪ੍ਰਭੂ ਦਾ ਮਹਲ ਲੱਭ ਲੈਂਦੀ ਹੈ, ਗੁਰੂ ਦੀ ਮਤਿ ਉਤੇ ਤੁਰ ਕੇ ਉਹ ਪ੍ਰਭੂ-ਪਤੀ ਦਾ ਮਿਲਾਪ ਪ੍ਰਾਪਤ ਕਰ ਲੈਂਦੀ ਹੈ ॥੩॥

32993	770	ਸਾ ਧਨ ਬਾਲੀ ਧੁਰਿ ਮੇਲੀ ਮੇਰੈ ਪ੍ਰਭਿ ਆਪਿ ਮਿਲਾਈ ਰਾਮ॥		Saa Dhhan Baalee Dhhur Maelee Maerai Prabh Aap Milaaee Raam ||	The Primal Lord, my God, has united His young and innocent bride with Himself.	ਹੇ ਭਾਈ! ਜਿਸ ਅੰਞਾਣ ਜੀਵ-ਇਸਤ੍ਰੀ ਨੂੰ ਧੁਰ ਦਰਗਾਹ ਤੋਂ ਮਿਲਾਪ ਦਾ ਲੇਖ ਪ੍ਰਾਪਤ ਹੋਇਆ, ਉਸ ਨੂੰ ਪ੍ਰਭੂ ਨੇ ਆਪ ਆਪਣੇ ਚਰਨਾਂ ਵਿਚ ਜੋੜ ਲਿਆ।
32994	770	ਗੁਰਮਤੀ ਘਟਿ ਚਾਨਣੁ ਹੋਆ ਪ੍ਰਭੁ ਰਵਿ ਰਹਿਆ ਸਭ ਥਾਈ ਰਾਮ॥	ਥਾਂਈਂ	Guramathee Ghatt Chaanan Hoaa Prabh Rav Rehiaa Sabh Thhaaee Raam ||	Through the Guru's Teachings, her heart is illumined and enlightened; God is permeating and pervading everywhere.	ਉਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਇਹ ਚਾਨਣ ਹੋ ਗਿਆ ਕਿ ਪਰਮਾਤਮਾ ਸਭ ਥਾਈਂ ਮੌਜੂਦ ਹੈ।
32995	770	ਪ੍ਰਭੁ ਰਵਿ ਰਹਿਆ ਸਭ ਥਾਈ ਮੰਨਿ ਵਸਾਈ ਪੂਰਬਿ ਲਿਖਿਆ ਪਾਇਆ॥		Prabh Rav Rehiaa Sabh Thhaaee Mann Vasaaee Poorab Likhiaa Paaeiaa ||	God is permeating and pervading everywhere; He dwells in her mind, and she realizes her pre-ordained destiny.	ਸਭ ਥਾਈਂ ਵਿਆਪਕ ਹੋ ਰਹੇ ਪ੍ਰਭੂ ਨੂੰ ਉਸ ਜੀਵ-ਇਸਤ੍ਰੀ ਨੇ ਆਪਣੇ ਮਨ ਵਿਚ ਵਸਾ ਲਿਆ, ਪਿਛਲੇ ਜਨਮ ਵਿਚ ਲਿਖਿਆ ਲੇਖ (ਉਸ ਦੇ ਮੱਥੇ ਉਤੇ) ਉੱਘੜ ਪਿਆ।

32996	770	ਸੇਜ ਸੁਖਾਲੀ ਮੇਰੇ ਪ੍ਰਭ ਭਾਣੀ ਸਚੁ ਸੀਗਾਰੁ ਬਣਾਇਆ॥		Saej Sukhaalee Maerae Prabh Bhaanee Sach Seegaar Banaaeiaa ||	On his cozy bed, she is pleasing to my God; she fashions her decorations of Truth.	ਉਹ ਜੀਵ-ਇਸਤ੍ਰੀ ਪਿਆਰੇ ਪ੍ਰਭੂ ਨੂੰ ਚੰਗੀ ਲੱਗਣ ਲੱਗ ਪਈ, ਉਸ ਦਾ ਹਿਰਦਾ-ਸੇਜ ਆਨੰਦ-ਭਰਪੂਰ ਹੋ ਗਿਆ, ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ ਨੂੰ ਉਸ ਨੇ (ਆਪਣੇ ਜੀਵਨ ਦਾ) ਸੁਹਜ ਬਣਾ ਲਿਆ।
32997	770	ਕਾਮਣਿ ਨਿਰਮਲ ਹਉਮੈ ਮਲੁ ਖੋਈ ਗੁਰਮਤਿ ਸਚਿ ਸਮਾਈ॥		Kaaman Niramal Houmai Mal Khoee Guramath Sach Samaaee ||	The bride is immaculate and pure; she washes away the filth of egotism, and through the Guru's Teachings, she merges in the True Lord.	ਜੇਹੜੀ ਜੀਵ ਇਸਤ੍ਰੀ ਗੁਰੂ ਦੀ ਮਤਿ ਲੈ ਕੇ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਲੀਨ ਹੋ ਜਾਂਦੀ ਹੈ, ਉਹ (ਆਪਣੇ ਅੰਦਰੋਂ) ਹਉਮੈ ਦੀ ਮੈਲ ਦੂਰ ਕਰ ਲੈਂਦੀ ਹੈ, ਉਹ ਪਵਿਤ੍ਰ ਜੀਵਨ ਵਾਲੀ ਬਣ ਜਾਂਦੀ ਹੈ।
32998	770	ਨਾਨਕ ਆਪਿ ਮਿਲਾਈ ਕਰਤੈ ਨਾਮੁ ਨਵੈ ਨਿਧਿ ਪਾਈ॥੪॥੩॥੪॥		Naanak Aap Milaaee Karathai Naam Navai Nidhh Paaee ||4||3||4||	O Nanak, the Creator Lord blends her into Himself, and she obtains the nine treasure of the Naam. ||4||3||4||	ਹੇ ਨਾਨਕ! (ਆਖ-) ਕਰਤਾਰ ਨੇ ਆਪ ਉਸ ਨੂੰ ਨਾਲ ਮਿਲਾ ਲਿਆ, ਉਸ ਨੇ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲਿਆ, ਜੋ ਉਸ ਦੇ ਵਾਸਤੇ ਸ੍ਰਿਸ਼ਟੀ ਦੇ ਨੌ ਹੀ ਖ਼ਜ਼ਾਨੇ ਹੈ ॥੪॥੩॥੪॥
32999	770	ਸੂਹੀ ਮਹਲਾ ੩॥		Soohee Mehalaa 3 ||	Soohee, Third Mehl:	

33000	770	ਹਰਿ ਹਰੇ ਹਰਿ ਗੁਣ ਗਾਵਹੁ ਹਰਿ ਗੁਰਮੁਖੇ ਪਾਏ ਰਾਮ॥		Har Harae Har Gun Gaavahu Har Guramukhae Paaeae Raam ||	Sing the Glorious Praises of the Lord, Har, Har, Har; the Gurmukh obtains the Lord.	ਹੇ ਭਾਈ! ਸਦਾ ਪਰਮਾਤਮਾ ਦੇ ਗੁਣ ਗਾਇਆ ਕਰੋ। (ਜੇਹੜਾ ਮਨੁੱਖ ਪ੍ਰਭੂ ਦੇ ਗੁਣ ਗਾਂਦਾ ਹੈ ਉਹ) ਗੁਰੂ ਦੀ ਸਰਨ ਪੈ ਕੇ ਪਰਮਾਤਮਾ ਨੂੰ ਮਿਲ ਪੈਂਦਾ ਹੈ।
33001	770	ਅਨ ਦਿਨੋ ਸਬਦਿ ਰਵਹੁ ਅਨਹਦ ਸਬਦ ਵਜਾਏ ਰਾਮ॥		Anadhino Sabadh Ravahu Anehadh Sabadh Vajaaeae Raam ||	Night and day, chant the Word of the Shabad; night and day, the Shabad shall vibrate and resound.	ਹੇ ਭਾਈ! ਇਕ-ਰਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ (ਦੇ ਵਾਜੇ) ਵਜਾ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਿਆ ਕਰੋ।
33002	770	ਅਨਹਦ ਸਬਦ ਵਜਾਏ ਹਰਿ ਜੀਉ ਘਰਿ ਆਏ ਹਰਿ ਗੁਣ ਗਾਵਹੁ ਨਾਰੀ॥		Anehadh Sabadh Vajaaeae Har Jeeo Ghar Aaeae Har Gun Gaavahu Naaree ||	The unstruck melody of the Shabad vibrates, and the Dear Lord comes into the home of my heart; O ladies, sing the Glorious Praises of the Lord.	ਜੇਹੜਾ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਦੇ ਵਾਜੇ ਇਕ-ਰਸ ਵਜਾਂਦਾ ਰਹਿੰਦਾ ਹੈ, ਪਰਮਾਤਮਾ ਉਸ ਦੇ ਹਿਰਦੇ-ਘਰ ਵਿਚ ਪਰਗਟ ਹੋ ਜਾਂਦਾ ਹੈ। ਹੇ (ਮੇਰੇ) ਗਿਆਨ-ਇੰਦ੍ਰਿਓ! ਤੁਸੀ ਭੀ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਇਆ ਕਰੋ।
33003	770	ਅਨ ਦਿਨੁ ਭਗਤਿ ਕਰਹਿ ਗੁਰ ਆਗੈ ਸਾ ਧਨ ਕੰਤ ਪਿਆਰੀ॥		Anadhin Bhagath Karehi Gur Aagai Saa Dhhan Kanth Piaaree ||	That soul-bride, who performs devotional worship service to the Guru night and day, becomes the Beloved bride of her Lord.	ਜੇਹੜੀਆਂ ਜੀਵ-ਇਸਤ੍ਰੀਆਂ ਗੁਰੂ ਦੇ ਸਨਮੁਖ ਹੋ ਕੇ ਹਰ ਵੇਲੇ ਪਰਮਾਤਮਾ ਦੀ ਭਗਤੀ ਕਰਦੀਆਂ ਹਨ, ਉਹ ਪ੍ਰਭੂ-ਪਤੀ ਨੂੰ ਪਿਆਰੀਆਂ ਲੱਗਦੀਆਂ ਹਨ।

33004	770	ਗੁਰ ਕਾ ਸਬਦੁ ਵਸਿਆ ਘਟ ਅੰਤਰਿ ਸੇ ਜਨ ਸਬਦਿ ਸੁਹਾਏ॥		Gur Kaa Sabadh Vasiaa Ghatt Anthar Sae Jan Sabadh Suhaaeae ||	Those humble beings, whose hearts are filled with the Word of the Guru's Shabad, are adorned with the Shabad.	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਗੁਰੂ ਦਾ ਸ਼ਬਦ ਵੱਸ ਪੈਂਦਾ ਹੈ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਦਾ ਜੀਵਨ ਸੋਹਣਾ ਬਣ ਜਾਂਦਾ ਹੈ।
33005	770	ਨਾਨਕ ਤਿਨ ਘਰਿ ਸਦ ਹੀ ਸੋਹਿਲਾ ਹਰਿ ਕਰਿ ਕਿਰਪਾ ਘਰਿ ਆਏ॥੧॥		Naanak Thin Ghar Sadh Hee Sohilaa Har Kar Kirapaa Ghar Aaeae ||1||	O Nanak, their hearts are forever filled with happiness; the Lord, in His Mercy, enters into their hearts. ||1||	ਹੇ ਨਾਨਕ! ਉਹਨਾਂ ਦੇ ਹਿਰਦੇ-ਘਰ ਵਿਚ ਸਦਾ ਹੀ (ਮਾਨੋ) ਖ਼ੁਸ਼ੀ ਦਾ ਗੀਤ ਹੁੰਦਾ ਰਹਿੰਦਾ ਹੈ, ਪ੍ਰਭੂ ਕਿਰਪਾ ਕਰ ਕੇ ਉਹਨਾਂ ਦੇ ਹਿਰਦੇ-ਘਰ ਵਿਚ ਆ ਵੱਸਦਾ ਹੈ ॥੧॥
33006	770	ਭਗਤਾ ਮਨਿ ਆਨੰਦੁ ਭਇਆ ਹਰਿ ਨਾਮਿ ਰਹੇ ਲਿਵ ਲਾਏ ਰਾਮ॥		Bhagathaa Man Aanandh Bhaeiaa Har Naam Rehae Liv Laaeae Raam ||	The minds of the devotees are filled with bliss; they remain lovingly absorbed in the Lord's Name.	ਹੇ ਭਾਈ! ਪ੍ਰਭੂ ਦੇ ਭਗਤਾਂ ਦੇ ਮਨ ਵਿਚ ਆਨੰਦ ਬਣਿਆ ਰਹਿੰਦਾ ਹੈ, ਕਿਉਂਕਿ ਉਹ ਪਰਮਾਤਮਾ ਦੇ ਨਾਮ ਵਿਚ ਸਦਾ ਸੁਰਤ ਜੋੜੀ ਰੱਖਦੇ ਹਨ।
33007	770	ਗੁਰਮੁਖੇ ਮਨੁ ਨਿਰਮਲੁ ਹੋਆ ਨਿਰਮਲ ਹਰਿ ਗੁਣ ਗਾਏ ਰਾਮ॥		Guramukhae Man Niramal Hoaa Niramal Har Gun Gaaeae Raam ||	The mind of the Gurmukh is immaculate and pure; she sings the Immaculate Praises of the Lord.	ਗੁਰੂ ਦੀ ਰਾਹੀਂ ਪਰਮਾਤਮਾ ਦੇ ਪਵਿਤ੍ਰ ਗੁਣ ਗਾ ਗਾ ਕੇ ਉਹਨਾਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ।

33008	770	ਨਿਰਮਲ ਗੁਣ ਗਾਏ ਨਾਮੁ ਮੰਨਿ ਵਸਾਏ ਹਰਿ ਕੀ ਅੰਮ੍ਰਿਤ ਬਾਣੀ॥		Niramal Gun Gaaeae Naam Mann Vasaaeae Har Kee Anmrith Baanee ||	Singing His Immaculate Praises, she enshrines in her mind the Naam, the Name of the Lord, and the Ambrosial Word of His Bani.	ਪਰਮਾਤਮਾ ਦੀ ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ, ਪ੍ਰਭੂ ਦੇ ਪਵਿਤ੍ਰ ਗੁਣ ਗਾ ਗਾ ਕੇ, ਪ੍ਰਭੂ ਦਾ ਨਾਮ ਆਪਣੇ ਮਨ ਵਿਚ ਵਸਾ ਕੇ (ਉਹਨਾਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ)।
33009	770	ਜਿਨ੍ ਮਨਿ ਵਸਿਆ ਸੇਈ ਜਨ ਨਿਸਤਰੇ ਘਟਿ ਘਟਿ ਸਬਦਿ ਸਮਾਣੀ॥		Jinh Man Vasiaa Saeee Jan Nisatharae Ghatt Ghatt Sabadh Samaanee ||	Those humble beings, within whose minds it abides, are emancipated; the Shabad permeates each and every heart.	ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ, ਉਹ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ। ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਨੂੰ ਪਰਮਾਤਮਾ ਹਰੇਕ ਸਰੀਰ ਵਿਚ ਵੱਸਦਾ ਦਿੱਸਦਾ ਹੈ।
33010	771	ਤੇਰੇ ਗੁਣ ਗਾਵਹਿ ਸਹਜਿ ਸਮਾਵਹਿ ਸਬਦੇ ਮੇਲਿ ਮਿਲਾਏ॥		Thaerae Gun Gaavehi Sehaj Samaavehi Sabadhae Mael Milaaeae ||	Singing Your Glorious Praises, they merge naturally into You, O Lord; through the Shabad, they are united in Union with You.	ਹੇ ਪ੍ਰਭੂ! ਜੇਹੜੇ ਮਨੁੱਖ ਤੇਰੇ ਗੁਣ ਗਾਂਦੇ ਹਨ, ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ। ਗੁਰੂ ਆਪਣੇ ਸ਼ਬਦ ਦੀ ਰਾਹੀਂ ਉਹਨਾਂ ਨੂੰ (ਹੇ ਪ੍ਰਭੂ!) ਤੇਰੇ ਚਰਨਾਂ ਵਿਚ ਜੋੜ ਦੇਂਦਾ ਹੈ।

33011	771	ਨਾਨਕ ਸਫਲ ਜਨਮੁ ਤਿਨ ਕੇਰਾ ਜਿ ਸਤਿਗੁਰਿ ਹਰਿ ਮਾਰਗਿ ਪਾਏ॥੨॥		Naanak Safal Janam Thin Kaeraa J Sathigur Har Maarag Paaeae ||2||	O Nanak, their lives are fruitful; the True Guru places them on the Lord's Path. ||2||	ਹੇ ਨਾਨਕ! ਉਹਨਾਂ ਮਨੁੱਖਾਂ ਦਾ ਜਨਮ ਕਾਮਯਾਬ ਹੋ ਜਾਂਦਾ ਹੈ, ਜਿਨ੍ਹਾਂ ਨੂੰ ਗੁਰੂ ਪਰਮਾਤਮਾ ਦੇ ਰਸਤੇ ਉਤੇ ਤੋਰ ਦਿੰਦਾ ਹੈ ॥੨॥
33012	771	ਸੰਤਸੰਗਤਿ ਸਿਉ ਮੇਲੁ ਭਇਆ ਹਰਿ ਹਰਿ ਨਾਮਿ ਸਮਾਏ ਰਾਮ॥		Santhasangath Sio Mael Bhaeiaa Har Har Naam Samaaeae Raam ||	Those who join the Society of the Saints are absorbed in the Name of the Lord, Har, Har.	ਹੇ ਭਾਈ! ਜਿਨ੍ਹਾਂ ਮਨੁੱਖਾਂ ਦਾ ਸਾਧ ਸੰਗਤਿ ਨਾਲ ਮਿਲਾਪ ਹੋ ਜਾਂਦਾ ਹੈ, ਉਹ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦੇ ਹਨ।
33013	771	ਗੁਰ ਕੈ ਸਬਦਿ ਸਦ ਜੀਵਨ ਮੁਕਤ ਭਏ ਹਰਿ ਕੈ ਨਾਮਿ ਲਿਵ ਲਾਏ ਰਾਮ॥		Gur Kai Sabadh Sadh Jeevan Mukath Bheae Har Kai Naam Liv Laaeae Raam ||	Through the Word of the Guru's Shabad, they are forever 'jivan mukta' - liberated while yet alive; they are lovingly absorbed in the Name of the Lord.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਪਰਮਾਤਮਾ ਦੇ ਨਾਮ ਵਿਚ ਸੁਰਤ ਜੋੜ ਕੇ ਉਹ ਦੁਨੀਆ ਦੀ ਕਿਰਤ-ਕਾਰ ਕਰਦੇ ਹੋਏ ਹੀ ਮਾਇਆ ਵਲੋਂ ਨਿਰਲੇਪ ਰਹਿੰਦੇ ਹਨ।
33014	771	ਹਰਿ ਨਾਮਿ ਚਿਤੁ ਲਾਏ ਗੁਰਿ ਮੇਲਿ ਮਿਲਾਏ ਮਨੂਆ ਰਤਾ ਹਰਿ ਨਾਲੇ॥		Har Naam Chith Laaeae Gur Mael Milaaeae Manooaa Rathaa Har Naalae ||	They center their consciousness on the Lord's Name; through the Guru, they are united in His Union. Their minds are imbued with the Lord's Love.	ਜਿਨ੍ਹਾਂ ਨੂੰ ਗੁਰੂ ਨੇ ਪ੍ਰਭੂ-ਚਰਨਾਂ ਵਿਚ ਜੋੜ ਦਿੱਤਾ, ਉਹਨਾਂ ਮਨੁੱਖਾਂ ਨੇ ਪਰਮਾਤਮਾ ਦੇ ਨਾਮ ਵਿਚ ਮਨ ਜੋੜ ਲਿਆ, ਉਹਨਾਂ ਦਾ ਮਨ ਪਰਮਾਤਮਾ ਦੇ (ਪ੍ਰੇਮ-ਰੰਗ) ਨਾਲ ਰੰਗਿਆ ਗਿਆ।

33015	771	ਸੁਖਦਾਤਾ ਪਾਇਆ ਮੋਹੁ ਚੁਕਾਇਆ ਅਨ ਦਿਨੁ ਨਾਮੁ ਸਮ੍ਹਾਲੇ॥		Sukhadhaathaa Paaeiaa Mohu Chukaaeiaa Anadhin Naam Samhaalae ||	They find the Lord, the Giver of peace, and they eradicate attachments; night and day, they contemplate the Naam.	ਉਹਨਾਂ ਨੇ ਹਰ ਵੇਲੇ ਪ੍ਰਭੂ ਦਾ ਨਾਮ ਹਿਰਦੇ ਵਿਚ ਵਸਾ ਕੇ (ਆਪਣੇ ਅੰਦਰੋਂ ਮਾਇਆ ਦਾ) ਮੋਹ ਦੂਰ ਕਰ ਲਿਆ, ਤੇ, ਸਾਰੇ ਸੁਖ ਦੇਣ ਵਾਲੇ ਪਰਮਾਤਮਾ ਨਾਲ ਮਿਲਾਪ ਹਾਸਲ ਕਰ ਲਿਆ।
33016	771	ਗੁਰ ਸਬਦੇ ਰਾਤਾ ਸਹਜੇ ਮਾਤਾ ਨਾਮੁ ਮਨਿ ਵਸਾਏ॥	ਮੱਾਤਾ	Gur Sabadhae Raathaa Sehajae Maathaa Naam Man Vasaaeae ||	They are imbued with the Word of the Guru's Shabad, and intoxicated with celestial peace; the Naam abides in their minds.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਰੰਗਿਆ ਜਾਂਦਾ ਹੈ, ਉਹ ਆਤਮਕ ਅਡੋਲਤਾ ਵਿਚ ਮਸਤ ਰਹਿੰਦਾ ਹੈ, ਉਹ ਹਰਿ-ਨਾਮ ਨੂੰ ਮਨ ਵਿਚ ਵਸਾਈ ਰੱਖਦਾ ਹੈ।
33017	771	ਨਾਨਕ ਤਿਨ ਘਰਿ ਸਦ ਹੀ ਸੋਹਿਲਾ ਜਿ ਸਤਿਗੁਰ ਸੇਵਿ ਸਮਾਏ॥੩॥		Naanak Thin Ghar Sadh Hee Sohilaa J Sathigur Saev Samaaeae ||3||	O Nanak, the homes of their hearts are filled with happiness, forever and always; they are absorbed in serving the True Guru. ||3||	ਹੇ ਨਾਨਕ! ਜੇਹੜੇ ਮਨੁੱਖ ਗੁਰੂ ਦੀ ਦੱਸੀ ਸੇਵਾ ਕਰ ਕੇ ਪ੍ਰਭੂ ਵਿਚ ਲੀਨ ਰਹਿੰਦੇ ਹਨ, ਉਹਨਾਂ ਦੇ ਹਿਰਦੇ ਵਿਚ ਸਦਾ ਹੀ ਖ਼ੁਸ਼ੀ ਬਣੀ ਰਹਿੰਦੀ ਹੈ ॥੩॥
33018	771	ਬਿਨੁ ਸਤਿਗੁਰ ਜਗੁ ਭਰਮਿ ਭੁਲਾਇਆ ਹਰਿ ਕਾ ਮਹਲੁ ਨ ਪਾਇਆ ਰਾਮ॥		Bin Sathigur Jag Bharam Bhulaaeiaa Har Kaa Mehal N Paaeiaa Raam ||	Without the True Guru, the world is deluded by doubt; it does not obtain the Mansion of the Lord's Presence.	ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ ਜਗਤ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ, ਪਰਮਾਤਮਾ ਦੀ ਹਜ਼ੂਰੀ ਪ੍ਰਾਪਤ ਨਹੀਂ ਕਰ ਸਕਦਾ।

33019	771	ਗੁਰਮੁਖੇ ਇਕਿ ਮੇਲਿ ਮਿਲਾਇਆ ਤਿਨ ਕੇ ਦੂਖ ਗਵਾਇਆ ਰਾਮ॥		Guramukhae Eik Mael Milaaeiaa Thin Kae Dhookh Gavaaeiaa Raam ||	As Gurmukh, some are united in the Lord's Union, and their pains are dispelled.	ਪਰ ਕਈ (ਵਡ-ਭਾਗੀ ਐਸੇ ਹਨ, ਜੇਹੜੇ) ਗੁਰੂ ਦੇ ਸਨਮੁਖ (ਰਹਿੰਦੇ ਹਨ, ਉਹਨਾਂ ਨੂੰ ਗੁਰੂ ਨੇ) ਪ੍ਰਭੂ-ਚਰਨਾਂ ਵਿਚ ਜੋੜ ਦਿੱਤਾ ਹੈ, ਉਹਨਾਂ ਦੇ ਸਾਰੇ ਦੁੱਖ ਦੂਰ ਕਰ ਦਿੱਤੇ ਹਨ।
33020	771	ਤਿਨ ਕੇ ਦੂਖ ਗਵਾਇਆ ਜਾ ਹਰਿ ਮਨਿ ਭਾਇਆ ਸਦਾ ਗਾਵਹਿ ਰੰਗਿ ਰਾਤੇ॥		Thin Kae Dhookh Gavaaeiaa Jaa Har Man Bhaaeiaa Sadhaa Gaavehi Rang Raathae ||	Their pains are dispelled, when it is pleasing to the Lord's Mind; imbued with His Love, they sing His Praises forever.	ਜਦੋਂ ਉਹ ਪ੍ਰਭੂ ਦੇ ਮਨ ਵਿਚ ਪਿਆਰੇ ਲੱਗਦੇ ਹਨ, ਉਹਨਾਂ ਦੇ ਦੁੱਖ ਦੂਰ ਹੋ ਜਾਂਦੇ ਹਨ, ਉਹ ਪ੍ਰੇਮ-ਰੰਗ ਵਿਚ ਰੰਗੀਜ ਕੇ ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ।
33021	771	ਹਰਿ ਕੇ ਭਗਤ ਸਦਾ ਜਨ ਨਿਰਮਲ ਜੁਗਿ ਜੁਗਿ ਸਦ ਹੀ ਜਾਤੇ॥		Har Kae Bhagath Sadhaa Jan Niramal Jug Jug Sadh Hee Jaathae ||	The Lord's devotees are pure and humble forever; throughout the ages, they are forever respected.	ਪਰਮਾਤਮਾ ਦੇ ਉਹ ਭਗਤ ਸਦਾ ਲਈ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ, ਉਹ ਹਰੇਕ ਜੁਗ ਵਿਚ ਸਦਾ ਹੀ ਪਰਗਟ ਹੋ ਜਾਂਦੇ ਹਨ।
33022	771	ਸਾਚੀ ਭਗਤਿ ਕਰਹਿ ਦਰਿ ਜਾਪਹਿ ਘਰਿ ਦਰਿ ਸਚਾ ਸੋਈ॥		Saachee Bhagath Karehi Dhar Jaapehi Ghar Dhar Sachaa Soee ||	They perform true devotional worship service, and are honored in the Lord's Court; the True Lord is their hearth and home.	ਉਹ (ਵਡ-ਭਾਗੀ ਮਨੁੱਖ) ਸਦਾ-ਥਿਰ ਪ੍ਰਭੂ ਦੀ ਭਗਤੀ ਕਰਦੇ ਹਨ, ਉਸ ਦੇ ਦਰ ਤੇ ਇੱਜ਼ਤ ਪਾਂਦੇ ਹਨ, ਉਹਨਾਂ ਦੇ ਹਿਰਦੇ ਵਿਚ ਉਹਨਾਂ ਦੇ ਅੰਦਰ ਸਦਾ-ਥਿਰ ਰਹਿਣ ਵਾਲਾ ਪ੍ਰਭੂ ਵੱਸ ਪੈਂਦਾ ਹੈ।

33023	771	ਨਾਨਕ ਸਚਾ ਸੋਹਿਲਾ ਸਚੀ ਸਚੁ ਬਾਣੀ ਸਬਦੇ ਹੀ ਸੁਖੁ ਹੋਈ॥੪॥੪॥੫॥		Naanak Sachaa Sohilaa Sachee Sach Baanee Sabadhae Hee Sukh Hoee ||4||4||5||	O Nanak, true are their songs of joy, and true is their word; through the Word of the Shabad, they find peace. ||4||4||5||	ਹੇ ਨਾਨਕ! ਉਹਨਾਂ ਦੇ ਅੰਦਰ ਸਿਫ਼ਤਿ-ਸਾਲਾਹ ਵਾਲੀ ਬਾਣੀ ਵੱਸੀ ਰਹਿੰਦੀ ਹੈ, ਅਟੱਲ ਖ਼ੁਸ਼ੀ ਬਣੀ ਰਹਿੰਦੀ ਹੈ, ਸ਼ਬਦ ਦੀ ਬਰਕਤਿ ਨਾਲ ਉਹਨਾਂ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ ॥੪॥੪॥੫॥
33024	771	ਸੂਹੀ ਮਹਲਾ ੩॥		Soohee Mehalaa 3 ||	Shalok, Third Mehl:	
33025	771	ਜੇ ਲੋੜਹਿ ਵਰੁ ਬਾਲੜੀਏ ਤਾ ਗੁਰ ਚਰਣੀ ਚਿਤੁ ਲਾਏ ਰਾਮ॥		Jae Lorrehi Var Baalarreeeae Thaa Gur Charanee Chith Laaeae Raam ||	If you long for your Husband Lord,O young and innocent bride,then focus your consciousness on the Guru's feet.	ਹੇ ਅੰਞਾਣ ਜੀਵ-ਇਸਤ੍ਰੀਏ! ਜੇ ਤੂੰ ਪ੍ਰਭੂ-ਪਤੀ ਦਾ ਮਿਲਾਪ ਚਾਹੁੰਦੀ ਹੈਂ, ਤਾਂ ਆਪਣੇ ਗੁਰੂ ਦੇ ਚਰਨਾਂ ਵਿਚ ਚਿੱਤ ਜੋੜ ਰੱਖ।
33026	771	ਸਦਾ ਹੋਵਹਿ ਸੋਹਾਗਣੀ ਹਰਿ ਜੀਉ ਮਰੈ ਨ ਜਾਏ ਰਾਮ॥		Sadhaa Hovehi Sohaaganee Har Jeeo Marai N Jaaeae Raam ||	You shall be a happy soul bride of your Dear Lord forever; He does not die or leave.	ਤੂੰ ਸਦਾ ਲਈ ਸੁਹਾਗ-ਭਾਗ ਵਾਲੀ ਬਣ ਜਾਏਂਗੀ, (ਕਿਉਂਕਿ) ਪ੍ਰਭੂ-ਪਤੀ ਨਾਹ ਕਦੇ ਮਰਦਾ ਹੈ ਨਾਹ ਨਾਸ ਹੁੰਦਾ ਹੈ। ਪ੍ਰਭੂ-ਪਤੀ ਕਦੇ ਨਹੀਂ ਮਰਦਾ, ਕਦੇ ਨਾਸ ਨਹੀਂ ਹੁੰਦਾ।

33027	771	ਹਰਿ ਜੀਉ ਮਰੈ ਨ ਜਾਏ ਗੁਰ ਕੈ ਸਹਜਿ ਸੁਭਾਏ ਸਾ ਧਨ ਕੰਤ ਪਿਆਰੀ॥		Har Jeeo Marai N Jaaeae Gur Kai Sehaj Subhaaeae Saa Dhhan Kanth Piaaree ||	The Dear Lord does not die, and He does not leave; through the peaceful poise of the Guru, the soul bride becomes the lover of her Husband Lord.	ਜੇਹੜੀ ਜੀਵ-ਇਸਤ੍ਰੀ ਗੁਰੂ ਦੀ ਰਾਹੀਂ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਲੀਨ ਰਹਿੰਦੀ ਹੈ, ਉਹ ਖਸਮ-ਪ੍ਰਭੂ ਨੂੰ ਪਿਆਰੀ ਲੱਗਦੀ ਹੈ।
33028	771	ਸਚਿ ਸੰਜਮਿ ਸਦਾ ਹੈ ਨਿਰਮਲ ਗੁਰ ਕੈ ਸਬਦਿ ਸੀਗਾਰੀ॥		Sach Sanjam Sadhaa Hai Niramal Gur Kai Sabadh Seegaaree ||	Through truth and self-control, she is forever immaculate and pure; she is embellished with the Word of the Guru's Shabad.	ਸਦਾ-ਥਿਰ ਪ੍ਰਭੂ ਵਿਚ ਜੁੜ ਕੇ, (ਵਿਕਾਰਾਂ ਵਲੋਂ) ਬੰਦਸ਼ ਵਿਚ ਰਹਿ ਕੇ, ਉਹ ਜੀਵ-ਇਸਤ੍ਰੀ ਪਵਿਤ੍ਰ ਜੀਵਨ ਵਾਲੀ ਹੋ ਜਾਂਦੀ ਹੈ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਆਪਣੇ ਆਤਮਕ ਜੀਵਨ ਨੂੰ ਸੋਹਣਾ ਬਣਾ ਲੈਂਦੀ ਹੈ।
33029	771	ਮੇਰਾ ਪ੍ਰਭੁ ਸਾਚਾ ਸਦ ਹੀ ਸਾਚਾ ਜਿਨਿ ਆਪੇ ਆਪੁ ਉਪਾਇਆ॥		Maeraa Prabh Saachaa Sadh Hee Saachaa Jin Aapae Aap Oupaaeiaa ||	My God is True, forever and ever; He Himself created Himself.	ਹੇ ਸਹੇਲੀਏ! ਮੇਰਾ ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਸਦਾ ਹੀ ਕਾਇਮ ਰਹਿਣ ਵਾਲਾ ਹੈ, ਉਸ ਨੇ ਆਪਣੇ ਆਪ ਨੂੰ ਆਪ ਹੀ ਪਰਗਟ ਕੀਤਾ ਹੋਇਆ ਹੈ।
33030	771	ਨਾਨਕ ਸਦਾ ਪਿਰੁ ਰਾਵੇ ਆਪਣਾ ਜਿਨਿ ਗੁਰ ਚਰਣੀ ਚਿਤੁ ਲਾਇਆ॥੧॥		Naanak Sadhaa Pir Raavae Aapanaa Jin Gur Charanee Chith Laaeiaa ||1||	O Nanak, she who focuses her consciousness on the Guru's feet, enjoys her Husband Lord. ||1||	ਹੇ ਨਾਨਕ! ਜਿਸ ਜੀਵ-ਇਸਤ੍ਰੀ ਨੇ ਗੁਰੂ-ਚਰਨਾਂ ਵਿਚ ਆਪਣਾ ਮਨ ਜੋੜ ਲਿਆ, ਉਹ ਸਦਾ ਪ੍ਰਭੂ-ਪਤੀ ਦਾ ਮਿਲਾਪ ਮਾਣਦੀ ਹੈ ॥੧॥

33031	771	ਪਿਰੁ ਪਾਇਅੜਾ ਬਾਲੜੀਏ ਅਨ ਦਿਨੁ ਸਹਜੇ ਮਾਤੀ ਰਾਮ॥		Pir Paaeiarraa Baalarreeeae Anadhin Sehajae Maathee Raam ||	When the young, innocent bride finds her Husband Lord, she is automatically intoxicated with Him, night and day.	ਹੇ ਅੰਞਾਣ ਜੀਵ-ਇਸਤ੍ਰੀਏ! ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਦਾ ਮਿਲਾਪ ਹਾਸਲ ਕਰ ਲੈਂਦੀ ਹੈ, ਉਹ ਹਰ ਵੇਲੇ ਆਤਮਕ ਅਡੋਲਤਾ ਵਿਚ ਮਸਤ ਰਹਿੰਦੀ ਹੈ।
33032	771	ਗੁਰਮਤੀ ਮਨਿ ਅਨਦੁ ਭਇਆ ਤਿਤੁ ਤਨਿ ਮੈਲੁ ਨ ਰਾਤੀ ਰਾਮ॥		Guramathee Man Anadh Bhaeiaa Thith Than Mail N Raathee Raam ||	Through the Word of the Guru's Teachings, her mind becomes blissful, and her body is not tinged with filth at all.	ਗੁਰੂ ਦੀ ਮਤਿ ਦਾ ਸਦਕਾ ਉਸ ਦੇ ਮਨ ਵਿਚ ਆਨੰਦ ਬਣਿਆ ਰਹਿੰਦਾ ਹੈ, (ਉਸ ਦੇ) ਉਸ ਸਰੀਰ ਵਿਚ (ਵਿਕਾਰਾਂ ਦੀ) ਰਤਾ ਭਰ ਭੀ ਮੈਲ ਨਹੀਂ ਹੁੰਦੀ।
33033	771	ਤਿਤੁ ਤਨਿ ਮੈਲੁ ਨ ਰਾਤੀ ਹਰਿ ਪ੍ਰਭਿ ਰਾਤੀ ਮੇਰਾ ਪ੍ਰਭੁ ਮੇਲਿ ਮਿਲਾਏ॥		Thith Than Mail N Raathee Har Prabh Raathee Maeraa Prabh Mael Milaaeae ||	Her body is not tinged with filth at all, and she is imbued with her Lord God; my God unites her in Union.	(ਉਸ ਦੇ) ਉਸ ਸਰੀਰ ਵਿਚ ਰਤਾ ਭਰ ਭੀ ਮੈਲ ਨਹੀਂ ਹੁੰਦੀ, ਉਹ ਪ੍ਰਭੂ (ਦੇ ਪ੍ਰੇਮ-ਰੰਗ) ਵਿਚ ਰੰਗੀ ਰਹਿੰਦੀ ਹੈ ਪ੍ਰਭੂ ਉਸ ਨੂੰ ਆਪਣੇ ਚਰਨਾਂ ਵਿਚ ਮਿਲਾ ਲੈਂਦਾ ਹੈ।
33034	771	ਅਨ ਦਿਨੁ ਰਾਵੇ ਹਰਿ ਪ੍ਰਭੁ ਅਪਣਾ ਵਿਚਹੁ ਆਪੁ ਗਵਾਏ॥		Anadhin Raavae Har Prabh Apanaa Vichahu Aap Gavaaeae ||	Night and day, she enjoys her Lord God; her egotism is banished from within.	ਉਹ ਜੀਵ-ਇਸਤ੍ਰੀ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਹਰ ਵੇਲੇ ਆਪਣੇ ਹਰਿ-ਪ੍ਰਭੂ ਨੂੰ ਸਿਮਰਦੀ ਰਹਿੰਦੀ ਹੈ।

33035	771	ਗੁਰਮਤਿ ਪਾਇਆ ਸਹਜਿ ਮਿਲਾਇਆ ਅਪਣੇ ਪ੍ਰੀਤਮ ਰਾਤੀ॥		Guramath Paaeiaa Sehaj Milaaeiaa Apanae Preetham Raathee ||	Through the Guru's Teachings, she easily finds and meets Him. She is imbued with her Beloved.	ਗੁਰੂ ਦੀ ਸਿੱਖਿਆ ਨਾਲ ਉਹ ਪ੍ਰਭੂ ਨੂੰ ਮਿਲ ਪੈਂਦੀ ਹੈ, ਗੁਰੂ ਉਸ ਨੂੰ ਆਤਮਕ ਅਡੋਲਤਾ ਵਿਚ ਟਿਕਾ ਦੇਂਦਾ ਹੈ, ਉਹ ਆਪਣੇ ਪ੍ਰੀਤਮ-ਪ੍ਰਭੂ ਦੇ ਰੰਗ ਵਿਚ ਰੰਗੀ ਜਾਂਦੀ ਹੈ।
33036	771	ਨਾਨਕ ਨਾਮੁ ਮਿਲੈ ਵਡਿਆਈ ਪ੍ਰਭੁ ਰਾਵੇ ਰੰਗਿ ਰਾਤੀ॥੨॥		Naanak Naam Milai Vaddiaaee Prabh Raavae Rang Raathee ||2||	O Nanak, through the Naam, the Name of the Lord, she obtains glorious greatness. She ravishes and enjoys her God; she is imbued with His Love. ||2||	ਹੇ ਨਾਨਕ! ਉਸ ਨੂੰ ਹਰਿ-ਨਾਮ ਮਿਲ ਜਾਂਦਾ ਹੈ, ਇੱਜ਼ਤ ਮਿਲ ਜਾਂਦੀ ਹੈ, ਉਹ ਪ੍ਰੇਮ-ਰੰਗ ਵਿਚ ਰੰਗੀ ਹੋਈ ਹਰ ਵੇਲੇ ਪ੍ਰਭੂ ਦਾ ਸਿਮਰਨ ਕਰਦੀ ਹੈ ॥੨॥
33037	771	ਪਿਰੁ ਰਾਵੇ ਰੰਗਿ ਰਾਤੜੀਏ ਪਿਰ ਕਾ ਮਹਲੁ ਤਿਨ੍ਹ ਪਾਇਆ ਰਾਮ॥		Pir Raavae Rang Raatharreeeae Pir Kaa Mehal Thin Paaeiaa Raam ||	Ravishing her Husband Lord, she is imbued with His Love; she obtains the Mansion of His Presence.	ਹੇ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਹੋਈ ਜੀਵ-ਇਸਤ੍ਰੀਏ! ਜੇਹੜੀ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਹਰ ਵੇਲੇ ਸਿਮਰਦੀ ਹੈ,
33038	771	ਸੋ ਸਹੋ ਅਤਿ ਨਿਰਮਲੁ ਦਾਤਾ ਜਿਨਿ ਵਿਚਹੁ ਆਪੁ ਗਵਾਇਆ ਰਾਮ॥		So Seho Ath Niramal Dhaathaa Jin Vichahu Aap Gavaaeiaa Raam ||	She is utterly immaculate and pure; the Great Giver banishes self-conceit from within her.	ਜਿਸ ਨੇ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਦਿੱਤਾ ਹੈ, ਉਸ ਨੇ ਉਸ ਪ੍ਰਭੂ ਦੀ ਹਜ਼ੂਰੀ ਪ੍ਰਾਪਤ ਕਰ ਲਈ ਹੈ ਜੇਹੜਾ ਬਹੁਤ ਪਵਿਤ੍ਰ ਹੈ, ਤੇ, ਸਭ ਦਾਤਾਂ ਦੇਣ ਵਾਲਾ ਹੈ।

33039	771	ਵਿਚਹੁ ਮੋਹੁ ਚੁਕਾਇਆ ਜਾ ਹਰਿ ਭਾਇਆ ਹਰਿ ਕਾਮਣਿ ਮਨਿ ਭਾਣੀ॥		Vichahu Mohu Chukaaeiaa Jaa Har Bhaaeiaa Har Kaaman Man Bhaanee ||	The Lord drives out attachment from within her, when it pleases Him. The soul bride becomes pleasing to the Lord's Mind.	ਜਦੋਂ ਪ੍ਰਭੂ ਦੀ ਰਜ਼ਾ ਹੁੰਦੀ ਹੈ, ਤਦੋਂ ਜੀਵ-ਇਸਤ੍ਰੀ ਆਪਣੇ ਅੰਦਰੋਂ ਮੋਹ ਦੂਰ ਕਰਦੀ ਹੈ, ਤੇ, ਪ੍ਰਭੂ ਦੇ ਮਨ ਵਿਚ ਪਿਆਰੀ ਲੱਗਣ ਲੱਗ ਪੈਂਦੀ ਹੈ।
33040	771	ਅਨ ਦਿਨੁ ਗੁਣ ਗਾਵੈ ਨਿਤ ਸਾਚੇ ਕਥੇ ਅਕਥ ਕਹਾਣੀ॥	ਅ-ਕਥ:ਪੋਲਾ ਬੋਲੋ	Anadhin Gun Gaavai Nith Saachae Kathhae Akathh Kehaanee ||	Night and day, she continually sings the Glorious Praises of the True Lord; she speaks the Unspoken Speech.	ਫਿਰ ਉਹ ਹਰ ਵੇਲੇ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦੀ ਰਹਿੰਦੀ ਹੈ, ਅਤੇ ਉਸ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਕਰਦੀ ਹੈ ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ।
33041	771	ਜੁਗ ਚਾਰੇ ਸਾਚਾ ਏਕੋ ਵਰਤੈ ਬਿਨੁ ਗੁਰ ਕਿਨੈ ਨ ਪਾਇਆ॥		Jug Chaarae Saachaa Eaeko Varathai Bin Gur Kinai N Paaeiaa ||	Throughout the four ages, the One True Lord is permeating and pervading; without the Guru, no one finds Him.	ਹੇ ਸਹੇਲੀਏ! ਚੌਹਾਂ ਜੁਗਾਂ ਵਿਚ ਉਹ ਸਦਾ-ਥਿਰ ਪ੍ਰਭੂ ਆਪ ਹੀ ਆਪਣਾ ਹੁਕਮ ਵਰਤਾ ਰਿਹਾ ਹੈ, ਪਰ ਗੁਰੂ ਦੀ ਸਰਨ ਤੋਂ ਬਿਨਾ ਕਿਸੇ ਨੇ ਭੀ ਉਸ ਦਾ ਮਿਲਾਪ ਪ੍ਰਾਪਤ ਨਹੀਂ ਕੀਤਾ।
33042	772	ਨਾਨਕ ਰੰਗਿ ਰਵੈ ਰੰਗਿ ਰਾਤੀ ਜਿਨਿ ਹਰਿ ਸੇਤੀ ਚਿਤੁ ਲਾਇਆ॥੩॥		Naanak Rang Ravai Rang Raathee Jin Har Saethee Chith Laaeiaa ||3||	O Nanak, she revels in joy, imbued with His Love; she focuses her consciousness on the Lord. ||3||	ਹੇ ਨਾਨਕ! ਜਿਸ ਜੀਵ-ਇਸਤ੍ਰੀ ਨੇ ਪਰਮਾਤਮਾ ਨਾਲ ਆਪਣਾ ਮਨ ਜੋੜ ਲਿਆ, ਉਹ ਉਸ ਦੇ ਪ੍ਰੇਮ-ਰੰਗ ਵਿਚ ਰੰਗੀ ਹੋਈ ਉਸ ਦੇ ਪ੍ਰੇਮ ਵਿਚ ਉਸ ਦਾ ਸਿਮਰਨ ਕਰਦੀ ਹੈ ॥੩॥

33043	772	ਕਾਮਣਿ ਮਨਿ ਸੋਹਿਲੜਾ ਸਾਜਨ ਮਿਲੇ ਪਿਆਰੇ ਰਾਮ॥		Kaaman Man Sohilarraa Saajan Milae Piaarae Raam ||	The mind of the soul bride is very happy, when she meets her Friend, her Beloved Lord.	ਜਿਸ ਜੀਵ-ਇਸਤ੍ਰੀ ਨੂੰ ਪਿਆਰੇ ਸੱਜਣ ਪ੍ਰਭੂ ਜੀ ਮਿਲ ਪੈਂਦੇ ਹਨ, ਉਸ ਦੇ ਮਨ ਵਿਚ ਆਨੰਦ ਬਣਿਆ ਰਹਿੰਦਾ ਹੈ।
33044	772	ਗੁਰਮਤੀ ਮਨੁ ਨਿਰਮਲੁ ਹੋਆ ਹਰਿ ਰਾਖਿਆ ਉਰਿ ਧਾਰੇ ਰਾਮ॥		Guramathee Man Niramal Hoaa Har Raakhiaa Our Dhhaarae Raam ||	Through the Guru's Teachings, her mind becomes immaculate; she enshrines the Lord within her heart.	ਗੁਰੂ ਦੀ ਮਤਿ ਉਤੇ ਤੁਰ ਕੇ ਉਸ ਦਾ ਮਨ ਪਵਿੱਤ੍ਰ ਹੋ ਜਾਂਦਾ ਹੈ, ਉਹ ਆਪਣੇ ਹਿਰਦੇ ਵਿਚ ਹਰਿ-ਪ੍ਰਭੂ ਨੂੰ ਟਿਕਾ ਰੱਖਦੀ ਹੈ।
33045	772	ਹਰਿ ਰਾਖਿਆ ਉਰਿ ਧਾਰੇ ਅਪਨਾ ਕਾਰਜੁ ਸਵਾਰੇ ਗੁਰਮਤੀ ਹਰਿ ਜਾਤਾ॥		Har Raakhiaa Our Dhhaarae Apanaa Kaaraj Savaarae Guramathee Har Jaathaa ||	Keeping the Lord enshrined within her heart, her affairs are arranged and resolved; through the Guru's Teachings, she knows her Lord.	ਉਹ ਜੀਵ-ਇਸਤ੍ਰੀ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੀ ਹੈ, ਇਸ ਤਰ੍ਹਾਂ ਆਪਣਾ ਜੀਵਨ-ਮਨੋਰਥ ਸੰਵਾਰ ਲੈਂਦੀ ਹੈ, ਗੁਰੂ ਦੀ ਸਿੱਖਿਆ ਦੀ ਬਰਕਤਿ ਨਾਲ ਉਹ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦੀ ਹੈ।
33046	772	ਪ੍ਰੀਤਮਿ ਮੋਹਿ ਲਇਆ ਮਨੁ ਮੇਰਾ ਪਾਇਆ ਕਰਮ ਬਿਧਾਤਾ॥		Preetham Mohi Laeiaa Man Maeraa Paaeiaa Karam Bidhhaathaa ||	My Beloved has enticed my mind; I have obtained the Lord, the Architect of Destiny.	ਉਸ ਦਾ ਮਨ ਜੋ ਪਹਿਲਾਂ ਮਮਤਾ ਵਿਚ ਫਸਿਆ ਹੋਇਆ ਸੀ, ਪ੍ਰੀਤਮ-ਪ੍ਰਭੂ ਨੇ ਆਪਣੇ ਵੱਸ ਵਿਚ ਕਰ ਲਿਆ, ਤੇ, ਉਸ ਜੀਵ-ਇਸਤ੍ਰੀ ਨੇ ਸਿਰਜਣਹਾਰ ਪ੍ਰਭੂ ਨਾਲ ਮਿਲਾਪ ਪ੍ਰਾਪਤ ਕਰ ਲਿਆ।

33047	772	ਸਤਿਗੁਰੁ ਸੇਵਿ ਸਦਾ ਸੁਖੁ ਪਾਇਆ ਹਰਿ ਵਸਿਆ ਮੰਨਿ ਮੁਰਾਰੇ॥		Sathigur Saev Sadhaa Sukh Paaeiaa Har Vasiaa Mann Muraarae ||	Serving the True Guru, she finds lasting peace; the Lord, the Destroyer of pride, dwells in her mind.	ਗੁਰੂ ਦੀ ਸਰਨ ਪੈ ਕੇ ਉਸ ਜੀਵ-ਇਸਤ੍ਰੀ ਨੇ ਸਦਾ-ਆਤਮਕ ਆਨੰਦ ਮਾਣਿਆ ਹੈ, ਮੁਰਾਰੀ-ਪ੍ਰਭੂ ਉਸ ਦੇ ਮਨ ਵਿਚ ਆ ਵੱਸਿਆ ਹੈ।
33048	772	ਨਾਨਕ ਮੇਲਿ ਲਈ ਗੁਰਿ ਅਪੁਨੈ ਗੁਰ ਕੈ ਸਬਦਿ ਸਵਾਰੇ॥੪॥੫॥੬॥		Naanak Mael Lee Gur Apunai Gur Kai Sabadh Savaarae ||4||5||6||	O Nanak, she merges with her Guru, embellished and adorned with the Word of the Guru's Shabad. ||4||5||6||	ਹੇ ਨਾਨਕ! ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਸ ਜੀਵ-ਇਸਤ੍ਰੀ ਨੇ ਆਪਣਾ ਜੀਵਨ ਸੋਹਣਾ ਬਣਾ ਲਿਆ ਹੈ, ਪਿਆਰੇ ਗੁਰੂ ਨੇ ਉਸ ਨੂੰ ਪ੍ਰਭੂ-ਚਰਨਾਂ ਵਿਚ ਜੋੜ ਦਿੱਤਾ ਹੈ ॥੪॥੫॥੬॥
33049	772	ਸੂਹੀ ਮਹਲਾ ੩॥		Soohee Mehalaa 3 ||	Shalok, Third Mehl:	
33050	772	ਸੋਹਿਲੜਾ ਹਰਿ ਰਾਮ ਨਾਮੁ ਗੁਰ ਸਬਦੀ ਵੀਚਾਰੇ ਰਾਮ॥		Sohilarraa Har Raam Naam Gur Sabadhee Veechaarae Raam ||	The song of joy is the Naam the Name of the Lord; contemplate it through the Word of the Guru's Shabad.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਦੇ ਨਾਮ ਨੂੰ ਵਿਚਾਰਦਾ ਹੈ, ਉਸ ਦੇ ਅੰਦਰ ਆਨੰਦ ਦੀ ਲਹਿਰ ਚੱਲੀ ਰਹਿੰਦੀ ਹੈ।
33051	772	ਹਰਿ ਮਨੁ ਤਨੋ ਗੁਰਮੁਖਿ ਭੀਜੈ ਰਾਮ ਨਾਮੁ ਪਿਆਰੇ ਰਾਮ॥		Har Man Thano Guramukh Bheejai Raam Naam Piaarae Raam ||	The mind and body of the Gurmukh is drenched with the Lord, the Beloved Lord.	ਗੁਰੂ ਦੇ ਸਨਮੁਖ ਰਹਿਣ ਵਾਲਾ ਉਸ ਦਾ ਮਨ ਉਸ ਦਾ ਹਿਰਦਾ ਪਰਮਾਤਮਾ (ਦੇ ਪਿਆਰ-ਰਸ) ਵਿਚ ਭਿੱਜ ਜਾਂਦਾ ਹੈ, ਉਹ ਮਨੁੱਖ ਪਰਮਾਤਮਾ ਦੇ ਨਾਮ ਨੂੰ ਪਿਆਰ ਕਰਦਾ ਹੈ।

33052	772	ਰਾਮ ਨਾਮੁ ਪਿਆਰੇ ਸਭਿ ਕੁਲ ਉਧਾਰੇ ਰਾਮ ਨਾਮੁ ਮੁਖਿ ਬਾਣੀ॥		Raam Naam Piaarae Sabh Kul Oudhhaarae Raam Naam Mukh Baanee ||	Through the Name of the Beloved Lord,all one's ancestors and generations are redeemed; chant the Lord's Name with your mouth.	ਉਹ ਮਨੁੱਖ ਪਰਮਾਤਮਾ ਦੇ ਨਾਮ ਨਾਲ ਪਿਆਰ ਕਰਦਾ ਹੈ। ਪਰਮਾਤਮਾ ਦਾ ਨਾਮ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਉਹ ਆਪਣੇ ਮੂੰਹ ਨਾਲ ਉਚਾਰਦਾ ਹੈ, ਤੇ, ਆਪਣੀਆਂ ਸਾਰੀਆਂ ਕੁਲਾਂ ਨੂੰ (ਵਿਕਾਰਾਂ ਤੋਂ) ਬਚਾ ਲੈਂਦਾ ਹੈ।
33053	772	ਆਵਣ ਜਾਣ ਰਹੇ ਸੁਖੁ ਪਾਇਆ ਘਰਿ ਅਨਹਦ ਸੁਰਤਿ ਸਮਾਣੀ॥		Aavan Jaan Rehae Sukh Paaeiaa Ghar Anehadh Surath Samaanee ||	Comings and goings cease, peace is obtained, and in the home of the heart, one's awareness is absorbed in the unstruck melody of the sound current.	ਉਸ ਦੇ ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ, ਉਹ ਆਪਣੇ ਹਿਰਦੇ-ਘਰ ਵਿਚ ਇਕ-ਰਸ ਆਨੰਦ ਮਾਣਦਾ ਰਹਿੰਦਾ ਹੈ, ਉਸ ਦੀ ਸੁਰਤ (ਪ੍ਰਭੂ-ਚਰਨਾਂ ਵਿਚ) ਲੀਨ ਰਹਿੰਦੀ ਹੈ।
33054	772	ਹਰਿ ਹਰਿ ਏਕੋ ਪਾਇਆ ਹਰਿ ਪ੍ਰਭੁ ਨਾਨਕ ਕਿਰਪਾ ਧਾਰੇ॥		Har Har Eaeko Paaeiaa Har Prabh Naanak Kirapaa Dhhaarae ||	I have found the One and only Lord, Har, Har. The Lord God has showered His Mercy upon Nanak.	ਹੇ ਨਾਨਕ! ਪਰਮਾਤਮਾ ਉਸ ਮਨੁੱਖ ਉਤੇ ਮੇਹਰ ਕਰਦਾ ਹੈ, ਉਹ ਮਨੁੱਖ ਪਰਮਾਤਮਾ ਨਾਲ ਮਿਲਾਪ ਹਾਸਲ ਕਰ ਲੈਂਦਾ ਹੈ।
33055	772	ਸੋਹਿਲੜਾ ਹਰਿ ਰਾਮ ਨਾਮੁ ਗੁਰ ਸਬਦੀ ਵੀਚਾਰੇ॥੧॥		Sohilarraa Har Raam Naam Gur Sabadhee Veechaarae ||1||	The song of joy is the Naam, the Name of the Lord; through the Word of the Guru's Shabad, contemplate it. ||1||	ਹੇ ਭਾਈ! ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੇ ਨਾਮ ਨੂੰ ਵਿਚਾਰਦਾ ਹੈ, ਉਸ ਦੇ ਅੰਦਰ ਆਤਮਕ ਆਨੰਦ ਦੀ ਰੌ ਚੱਲ ਪੈਂਦੀ ਹੈ ॥੧॥

33056	772	ਹਮ ਨੀਵੀ ਪ੍ਰਭੁ ਅਤਿ ਊਚਾ ਕਿਉ ਕਰਿ ਮਿਲਿਆ ਜਾਏ ਰਾਮ॥	ਨੀਵੀਂ	Ham Neevee Prabh Ath Oochaa Kio Kar Miliaa Jaaeae Raam ||	I am lowly, and God is lofty and exalted. How will I ever meet Him?	ਹੇ ਭਾਈ! ਅਸੀਂ ਜੀਵ-ਇਸਤ੍ਰੀਆਂ (ਆਤਮਕ ਜੀਵਨ ਦੀ) ਨੀਵੀਂ ਪੱਧਰ ਤੇ ਹਾਂ, ਪ੍ਰਭੂ (ਇਸ ਪੱਧਰ ਨਾਲੋਂ) ਬਹੁਤ ਉੱਚਾ ਹੈ, ਫਿਰ ਸਾਡਾ ਉਸ ਨਾਲ ਮਿਲਾਪ ਕਿਵੇਂ ਹੋ ਸਕੇ?
33057	772	ਗੁਰਿ ਮੇਲੀ ਬਹੁ ਕਿਰਪਾ ਧਾਰੀ ਹਰਿ ਕੈ ਸਬਦਿ ਸੁਭਾਏ ਰਾਮ॥		Gur Maelee Bahu Kirapaa Dhhaaree Har Kai Sabadh Subhaaeae Raam ||	The Guru has very mercifully blessed me and united me with the Lord; through the Shabad, the Word of the Lord, I am lovingly embellished.	(ਉੱਤਰ) ਜਿਸ ਉਤੇ ਗੁਰੂ ਨੇ ਕਿਰਪਾ ਕਰ ਦਿੱਤੀ, ਉਸ ਨੂੰ (ਪ੍ਰਭੂ-ਚਰਨਾਂ ਵਿਚ) ਜੋੜ ਦਿੱਤਾ। ਗੁਰੂ ਦੇ ਸ਼ਬਦ ਦੀ ਰਾਹੀਂ ਉਹ ਜੀਵ-ਇਸਤ੍ਰੀ ਪ੍ਰਭੂ ਦੇ ਪਿਆਰ ਵਿਚ ਲੀਨ ਹੋ ਜਾਂਦੀ ਹੈ।
33058	772	ਮਿਲੁ ਸਬਦਿ ਸੁਭਾਏ ਆਪੁ ਗਵਾਏ ਰੰਗ ਸਿਉ ਰਲੀਆ ਮਾਣੇ॥		Mil Sabadh Subhaaeae Aap Gavaaeae Rang Sio Raleeaa Maanae ||	Merging in the Word of the Shabad, I am lovingly embellished; my ego is eradicated, and I revel in joyous love.	ਗੁਰੂ ਦੇ ਸ਼ਬਦ ਦੀ ਰਾਹੀਂ ਉਹ ਜੀਵ-ਇਸਤ੍ਰੀ ਪ੍ਰਭੂ ਵਿਚ ਮਿਲ ਕੇ ਪ੍ਰਭੂ ਦੇ ਪ੍ਰੇਮ ਵਿਚ ਟਿਕ ਕੇ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ ਲੈਂਦੀ ਹੈ, ਅਤੇ ਪ੍ਰੇਮ ਵਿਚ ਪ੍ਰਭੂ ਦਾ ਮਿਲਾਪ ਮਾਣਦੀ ਹੈ।
33059	772	ਸੇਜ ਸੁਖਾਲੀ ਜਾ ਪ੍ਰਭੁ ਭਾਇਆ ਹਰਿ ਹਰਿ ਨਾਮਿ ਸਮਾਣੇ॥		Saej Sukhaalee Jaa Prabh Bhaaeiaa Har Har Naam Samaanae ||	My bed is so comfortable, since I became pleasing to God; I am absorbed in the Name of the Lord, Har, Har.	ਜਦੋਂ ਉਸ ਨੂੰ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ, ਤਦੋਂ ਉਸ ਦੇ ਹਿਰਦੇ ਦੀ ਸੇਜ ਆਨੰਦ-ਭਰਪੂਰ ਹੋ ਜਾਂਦੀ ਹੈ, ਉਹ ਪ੍ਰਭੂ ਦੇ ਨਾਮ ਵਿਚ ਹੀ ਲੀਨ ਰਹਿੰਦੀ ਹੈ।

33060	772	ਨਾਨਕ ਸੋਹਾਗਣਿ ਸਾ ਵਡਭਾਗੀ ਜੇ ਚਲੈ ਸਤਿਗੁਰ ਭਾਏ॥		Naanak Sohaagan Saa Vaddabhaagee Jae Chalai Sathigur Bhaaeae ||	O Nanak, that soul bride is so very blessed, who walks in harmony with the True Guru's Will.	ਹੇ ਨਾਨਕ! ਸੁਹਾਗ-ਭਾਗ ਵਾਲੀ ਜੀਵ-ਇਸਤ੍ਰੀ ਜਦੋਂ ਗੁਰੂ ਦੀ ਰਜ਼ਾ ਅਨੁਸਾਰ ਤੁਰਦੀ ਹੈ ਤਾਂ ਉਹ ਵੱਡੀ ਕਿਸਮਤ ਵਾਲੀ ਬਣ ਜਾਂਦੀ ਹੈ।
33061	772	ਹਮ ਨੀਵੀ ਪ੍ਰਭੁ ਅਤਿ ਊਚਾ ਕਿਉ ਕਰਿ ਮਿਲਿਆ ਜਾਏ ਰਾਮ॥੨॥		Ham Neevee Prabh Ath Oochaa Kio Kar Miliaa Jaaeae Raam ||2||	I am lowly, and God is lofty and exalted. How will I ever meet Him? ||2||	(ਉਂਞ ਤਾਂ) ਅਸੀਂ ਜੀਵ-ਇਸਤ੍ਰੀਆਂ (ਆਤਮਕ ਜੀਵਨ ਦੀ) ਨੀਵੀਂ ਪੱਧਰ ਤੇ ਹਾਂ ਪ੍ਰਭੂ (ਇਸ ਪੱਧਰ ਨਾਲੋਂ) ਬਹੁਤ ਉੱਚਾ ਹੈ, ਉਸ ਨਾਲ ਸਾਡਾ ਮੇਲ ਨਹੀਂ ਹੋ ਸਕਦਾ ॥੨॥
33062	772	ਘਟਿ ਘਟੇ ਸਭਨਾ ਵਿਚਿ ਏਕੋ ਏਕੋ ਰਾਮ ਭਤਾਰੋ ਰਾਮ॥		Ghatt Ghattae Sabhanaa Vich Eaeko Eaeko Raam Bhathaaro Raam ||	In each and every heart, and deep within all, is the One Lord, the Husband Lord of all.	ਹੇ ਭਾਈ! ਹਰੇਕ ਸਰੀਰ ਵਿਚ, ਸਭ ਜੀਵਾਂ ਵਿਚ ਇਕ ਪ੍ਰਭੂ-ਖਸਮ ਹੀ ਵੱਸ ਰਿਹਾ ਹੈ।
33063	772	ਇਕਨ੍ਾ ਪ੍ਰਭੁ ਦੂਰਿ ਵਸੈ ਇਕਨ੍ਾ ਮਨਿ ਆਧਾਰੋ ਰਾਮ॥		Eikanaa Prabh Dhoor Vasai Eikanaa Man Aadhhaaro Raam ||	God dwells far away from some, while for others, He is the Support of the mind.	ਪਰ, ਕਈ ਜੀਵਾਂ ਨੂੰ ਉਹ ਪ੍ਰਭੂ ਕਿਤੇ ਦੂਰ ਵੱਸਦਾ ਜਾਪਦਾ ਹੈ, ਤੇ, ਕਈ ਜੀਵਾਂ ਦੇ ਮਨ ਵਿਚ ਉਸ ਪ੍ਰਭੂ ਦਾ ਹੀ ਆਸਰਾ ਹੈ।

33064	772	ਇਕਨਾ ਮਨ ਆਧਾਰੋ ਸਿਰਜਣਹਾਰੋ ਵਡਭਾਗੀ ਗੁਰੁ ਪਾਇਆ॥		Eikanaa Man Aadhhaaro Sirajanehaaro Vaddabhaagee Gur Paaeiaa ||	For some, the Creator Lord is the Support of the mind; He is obtained by great good fortune, through the Guru.	ਸਭ ਨੂੰ ਪੈਦਾ ਕਰਨ ਵਾਲਾ ਪ੍ਰਭੂ ਹੀ ਕਈ ਜੀਵਾਂ ਦੇ ਮਨ ਦਾ ਸਹਾਰਾ ਹੈ (ਕਿਉਂਕਿ ਉਹਨਾਂ ਨੇ) ਵੱਡੇ ਭਾਗਾਂ ਨਾਲ ਗੁਰੂ ਲੱਭ ਲਿਆ ਹੈ।
33065	772	ਘਟਿ ਘਟਿ ਹਰਿ ਪ੍ਰਭੁ ਏਕੋ ਸੁਆਮੀ ਗੁਰਮੁਖਿ ਅਲਖੁ ਲਖਾਇਆ॥	ਅਲਖੁ:ਪੋਲਾ ਬੋਲੋ	Ghatt Ghatt Har Prabh Eaeko Suaamee Guramukh Alakh Lakhaaeiaa ||	The One Lord God, the Master, is in each and every heart; the Gurmukh sees the unseen.	ਹੇ ਭਾਈ! ਹਰੇਕ ਸਰੀਰ ਵਿਚ ਇਕ ਮਾਲਕ-ਪ੍ਰਭੂ ਹੀ ਵੱਸਦਾ ਹੈ, ਗੁਰੂ ਦੀ ਸਰਨ ਰਹਿਣ ਵਾਲੇ ਮਨੁੱਖ ਨੇ ਉਸ ਅਦ੍ਰਿਸ਼ਟ ਪ੍ਰਭੂ ਨੂੰ (ਹਰੇਕ ਸਰੀਰ ਵਿਚ ਵੱਸਦਾ) ਵੇਖ ਲਿਆ ਹੈ।
33066	772	ਸਹਜੇ ਅਨਦੁ ਹੋਆ ਮਨੁ ਮਾਨਿਆ ਨਾਨਕ ਬ੍ਰਹਮ ਬੀਚਾਰੋ॥		Sehajae Anadh Hoaa Man Maaniaa Naanak Breham Beechaaro ||	The mind is satisfied, in natural ecstasy, O Nanak, contemplating God.	ਹੇ ਨਾਨਕ! ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਉਸ ਦੇ ਅੰਦਰ ਆਨੰਦ ਬਣਿਆ ਰਹਿੰਦਾ ਹੈ, ਉਸ ਦਾ ਮਨ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਕਰਨ ਵਿਚ ਪਤੀਜਿਆ ਰਹਿੰਦਾ ਹੈ।
33067	772	ਘਟਿ ਘਟੇ ਸਭਨਾ ਵਿਚਿ ਏਕੋ ਏਕੋ ਰਾਮ ਭਤਾਰੋ ਰਾਮ॥੩॥		Ghatt Ghattae Sabhanaa Vich Eaeko Eaeko Raam Bhathaaro Raam ||3||	In each and every heart, and deep within all, is the One Lord, the Husband Lord of all. ||3||	ਹਰੇਕ ਸਰੀਰ ਵਿਚ ਸਭ ਜੀਵਾਂ ਵਿਚ ਇਕ ਪ੍ਰਭੂ-ਖਸਮ ਹੀ ਵੱਸ ਰਿਹਾ ਹੈ ॥੩॥

33068	772	ਗੁਰੁ ਸੇਵਨਿ ਸਤਿਗੁਰੁ ਦਾਤਾ ਹਰਿ ਹਰਿ ਨਾਮਿ ਸਮਾਇਆ ਰਾਮ॥		Gur Saevan Sathigur Dhaathaa Har Har Naam Samaaeiaa Raam ||	Those who serve the Guru, the True Guru, the Giver, merge in the Name of the Lord, Har, Har.	ਹੇ ਭਾਈ! ਜੇਹੜੇ ਮਨੁੱਖ ਹਰਿ-ਨਾਮ ਦੀ ਦਾਤ ਦੇਣ ਵਾਲੇ ਗੁਰੂ ਦੀ ਸਰਨ ਪੈਂਦੇ ਹਨ, ਉਹ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦੇ ਹਨ।
33069	772	ਹਰਿ ਧੂੜਿ ਦੇਵਹੁ ਮੈ ਪੂਰੇ ਗੁਰ ਕੀ ਹਮ ਪਾਪੀ ਮੁਕਤੁ ਕਰਾਇਆ ਰਾਮ॥		Har Dhhoorr Dhaevahu Mai Poorae Gur Kee Ham Paapee Mukath Karaaeiaa Raam ||	O Lord, please bless me with the dust of the feet of the Perfect Guru, so that I, a sinner, may be liberated.	ਹੇ ਹਰੀ! ਮੈਨੂੰ ਭੀ ਪੂਰੇ ਗੁਰੂ ਦੇ ਚਰਨਾਂ ਦੀ ਧੂੜ ਬਖ਼ਸ਼! ਗੁਰੂ ਅਸਾਂ ਪਾਪੀ ਜੀਵਾਂ ਨੂੰ (ਵਿਕਾਰਾਂ ਤੋਂ) ਆਜ਼ਾਦ ਕਰ ਦੇਂਦਾ ਹੈ।
33070	772	ਪਾਪੀ ਮੁਕਤੁ ਕਰਾਏ ਆਪੁ ਗਵਾਏ ਨਿਜ ਘਰਿ ਪਾਇਆ ਵਾਸਾ॥		Paapee Mukath Karaaeae Aap Gavaaeae Nij Ghar Paaeiaa Vaasaa ||	Even sinners are liberated, by eradicating their egotism; they obtain a home within their own heart.	ਗੁਰੂ ਵਿਕਾਰੀ ਜੀਵਾਂ ਨੂੰ ਵਿਕਾਰਾਂ ਤੋਂ ਸੁਤੰਤਰ ਕਰ ਦੇਂਦਾ ਹੈ, (ਉਹਨਾਂ ਦੇ ਅੰਦਰੋਂ) ਆਪਾ-ਭਾਵ ਦੂਰ ਕਰ ਦੇਂਦਾ ਹੈ। (ਗੁਰੂ ਦੀ ਸਰਨ ਆਏ ਮਨੁੱਖ) ਪ੍ਰਭੂ-ਚਰਨਾਂ ਵਿਚ ਟਿਕਾਣਾ ਪ੍ਰਾਪਤ ਕਰ ਲੈਂਦੇ ਹਨ।

33071	772	ਬਿਬੇਕ ਬੁਧੀ ਸੁਖਿ ਰੈਣਿ ਵਿਹਾਣੀ ਗੁਰਮਤਿ ਨਾਮਿ ਪ੍ਰਗਾਸਾ॥		Bibaek Budhhee Sukh Rain Vihaanee Guramath Naam Pragaasaa ||	With clear unerstanding, the night of their lives passes peacefully; through the Guru's Teachings, the Naam is revealed to them.	(ਗੁਰੂ ਪਾਸੋਂ) ਚੰਗੇ ਮੰਦੇ ਕੰਮ ਦੀ ਪਰਖ ਕਰ ਸਕਣ ਵਾਲੀ ਅਕਲ ਪ੍ਰਾਪਤ ਕਰ ਕੇ ਉਹਨਾਂ ਦੀ (ਜ਼ਿੰਦਗੀ ਦੀ) ਰਾਤ ਆਨੰਦ ਵਿਚ ਬੀਤਦੀ ਹੈ। ਗੁਰੂ ਦੀ ਮਤਿ ਦਾ ਸਦਕਾ ਹਰਿ-ਨਾਮ ਦੀ ਰਾਹੀਂ (ਉਹਨਾਂ ਦੇ ਅੰਦਰ ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ।
33072	772	ਹਰਿ ਹਰਿ ਅਨਦੁ ਭਇਆ ਦਿਨੁ ਰਾਤੀ ਨਾਨਕ ਹਰਿ ਮੀਠ ਲਗਾਏ॥		Har Har Anadh Bhaeiaa Dhin Raathee Naanak Har Meeth Lagaaeae ||	Through the Lord, Har, Har, I am in ecstasy, day and night. O Nanak, the Lord seems sweet.	ਹੇ ਨਾਨਕ! ਉਹਨਾਂ ਨੂੰ ਹਰਿ-ਨਾਮ ਪਿਆਰਾ ਲੱਗਣ ਲੱਗ ਪੈਂਦਾ ਹੈ, ਦਿਨ ਰਾਤ ਉਹਨਾਂ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ,
33073	772	ਗੁਰੁ ਸੇਵਨਿ ਸਤਿਗੁਰੁ ਦਾਤਾ ਹਰਿ ਹਰਿ ਨਾਮਿ ਸਮਾਏ ॥੪॥੬॥੭॥੫॥੭॥ ੧੨॥		Gur Saevan Sathigur Dhaathaa Har Har Naam Samaaeae ||4||6||7||5||7| |12||	Those who serve the Guru, the True Guru, the Giver, merge in the Name of the Lord, Har, Har. ||4||6||7||5||7||12| |	ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ। ਉਹ ਮਨੁੱਖ ਪਰਮਾਤਮਾ ਦੇ ਨਾਮ ਵਿਚ ਲੀਨ ਹੋਏ ਰਹਿੰਦੇ ਹਨ ॥੪॥੬॥੭॥੫॥੭॥੧੨॥
33074	773	ਰਾਗੁ ਸੂਹੀ ਮਹਲਾ ੪ ਛੰਤ ਘਰੁ ੧		Raag Soohee Mehalaa 4 Shhanth Ghar 1	Raag Soohee, Fourth Mehl, Chhant, First House:	ਰਾਗ ਸੂਹੀ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਛੰਤ' (ਛੰਦ)।

33075	773	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
33076	773	ਸਤਿਗੁਰੁ ਪੁਰਖੁ ਮਿਲਾਇ ਅਵਗਣ ਵਿਕਣਾ ਗੁਣ ਰਵਾ ਬਲਿ ਰਾਮ ਜੀਉ॥	ਪੂਰਨ ਗੁਰੂ ਜੀ,ਨਾਮੁ ਵੱਟੇ, ਔਗੁਣ ਖ਼ਰੀਦਦੇ ਹਨ, ਪੂਰਨ ਗੁਰੂ ਜੀ ਤੋਂ ਨਾਮੁ ਲੈ ਕੇ, ਅਵਗਣਾ ਦਾ ਵਿਕਣਾ ਹੋਵੇ	Sathigur Purakh Milaae Avagan Vikanaa Gun Ravaa Bal Raam Jeeo ||	If only I could meet the True Guru, the Primal Being. Discarding my faults and sins, I would chant the Lord's Glorious Praises.	ਹੇ ਰਾਮ ਜੀ! ਮੈਂ ਤੈਥੋਂ ਸਦਕੇ ਹਾਂ। ਮੈਨੂੰ ਗੁਰੂ-ਪੁਰਖ ਮਿਲਾ (ਜਿਸ ਦੀ ਰਾਹੀਂ) ਮੈਂ (ਤੇਰੇ) ਗੁਣ ਯਾਦ ਕਰਾਂ, ਅਤੇ (ਇਹਨਾਂ ਗੁਣਾਂ ਦੇ ਵੱਟੇ) ਔਗੁਣ ਵੇਚ ਦਿਆਂ (ਦੂਰ ਕਰ ਦਿਆਂ)।
33077	773	ਹਰਿ ਹਰਿ ਨਾਮੁ ਧਿਆਇ ਗੁਰਬਾਣੀ ਨਿਤ ਨਿਤ ਚਵਾ ਬਲਿ ਰਾਮ ਜੀਉ॥		Har Har Naam Dhhiaae Gurabaanee Nith Nith Chavaa Bal Raam Jeeo ||	I meditate on the Naam,the Name of the Lord,Har, Har. Continuously, continually, I chant the Word of the Guru's Bani.	ਹੇ ਹਰੀ! ਤੇਰਾ ਨਾਮ ਸਿਮਰ ਸਿਮਰ ਕੇ ਮੈਂ ਸਦਾ ਹੀ ਗੁਰੂ ਦੀ ਬਾਣੀ ਉਚਾਰਾਂ।
33078	773	ਗੁਰਬਾਣੀ ਸਦ ਮੀਠੀ ਲਾਗੀ ਪਾਪ ਵਿਕਾਰ ਗਵਾਇਆ॥		Gurabaanee Sadh Meethee Laagee Paap Vikaar Gavaaeiaa ||	Gurbani always seems so sweet; I have eradicated the sins from within.	ਜਿਸ ਜੀਵ-ਇਸਤ੍ਰੀ ਨੂੰ ਗੁਰੂ ਦੀ ਬਾਣੀ ਸਦਾ ਪਿਆਰੀ ਲੱਗਦੀ ਹੈ, ਉਹ (ਆਪਣੇ ਅੰਦਰੋਂ) ਪਾਪ ਵਿਕਾਰ ਦੂਰ ਕਰ ਲੈਂਦੀ ਹੈ।

33079	773	ਹਉਮੈ ਰੋਗੁ ਗਇਆ ਭਉ ਭਾਗਾ ਸਹਜੇ ਸਹਜਿ ਮਿਲਾਇਆ॥	ਗ–ਇਆ	Houmai Rog Gaeiaa Bho Bhaagaa Sehajae Sehaj Milaaeiaa ||	The disease of egotism is gone, fear has left, and I am absorbed in celestial peace.	ਉਸ ਦਾ ਹਉਮੈ ਦਾ ਰੋਗ ਮੁੱਕ ਜਾਂਦਾ ਹੈ, ਹਰੇਕ ਕਿਸਮ ਦਾ ਡਰ-ਸਹਿਮ ਭੱਜ ਜਾਂਦਾ ਹੈ, ਉਹ ਸਦਾ ਸਦਾ ਹੀ ਆਤਮਕ ਅਡੋਲਤਾ ਵਿਚ ਟਿਕੀ ਰਹਿੰਦੀ ਹੈ।
33080	773	ਕਾਇਆ ਸੇਜ ਗੁਰ ਸਬਦਿ ਸੁਖਾਲੀ ਗਿਆਨ ਤਤਿ ਕਰਿ ਭੋਗੋ॥		Kaaeiaa Saej Gur Sabadh Sukhaalee Giaan Thath Kar Bhogo ||	Through the Word of the Guru's Shabad, the bed of my body has become cozy and beautiful, and I enjoy the essence of spiritual wisdom.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਸ ਦੇ ਹਿਰਦੇ ਵਿਚ ਸੇਜ ਸੁਖ ਨਾਲ ਭਰਪੂਰ ਹੋ ਜਾਂਦੀ ਹੈ (ਸੁਖ ਦਾ ਘਰ ਬਣ ਜਾਂਦੀ ਹੈ), ਆਤਮਕ ਜੀਵਨ ਦੀ ਸੂਝ ਦੇ ਮੂਲ-ਪ੍ਰਭੂ ਵਿਚ ਜੁੜ ਕੇ ਉਹ ਪ੍ਰਭੂ ਦੇ ਮਿਲਾਪ ਦਾ ਸੁਖ ਮਾਣਦੀ ਹੈ।
33081	773	ਅਨ ਦਿਨੁ ਸੁਖਿ ਮਾਣੇ ਨਿਤ ਰਲੀਆ ਨਾਨਕ ਧੁਰਿ ਸੰਜੋਗੋ॥੧॥		Anadhin Sukh Maanae Nith Raleeaa Naanak Dhhur Sanjogo ||1||	Night and day, I continually enjoy peace and pleasure. O Nanak, this is my pre-ordained destiny. ||1||	ਹੇ ਨਾਨਕ! ਧੁਰ ਦਰਗਾਹ ਤੋਂ ਜਿਸ ਦੇ ਭਾਗਾਂ ਵਿਚ ਸੰਜੋਗ ਲਿਖਿਆ ਹੁੰਦਾ ਹੈ, ਉਹ ਹਰ ਵੇਲੇ ਆਨੰਦ ਵਿਚ ਟਿਕੀ ਰਹਿ ਕੇ ਸਦਾ (ਪ੍ਰਭੂ-ਮਿਲਾਪ ਦਾ) ਸੁਖ ਮਾਣਦੀ ਹੈ ॥੧॥
33082	773	ਸਤੁ ਸੰਤੋਖੁ ਕਰਿ ਭਾਉ ਕੁੜਮੁ ਕੁੜਮਾਈ ਆਇਆ ਬਲਿ ਰਾਮ ਜੀਉ॥		Sath Santhokh Kar Bhaao Kurram Kurramaaee Aaeiaa Bal Raam Jeeo ||	The soul-bride is lovingly embellished with truth and contentment; her Father, the Guru, has come to engage her in marriage to her Husband Lord.	ਹੇ ਰਾਮ ਜੀ! ਮੈਂ ਤੈਥੋਂ ਸਦਕੇ ਹਾਂ। (ਜਿਸ ਜੀਵ-ਇਸਤ੍ਰੀ ਨੂੰ) ਪ੍ਰਭੂ-ਪਤੀ ਨਾਲ ਮਿਲਾਣ ਵਾਸਤੇ ਵਿਚੋਲਾ-ਗੁਰੂ ਆ ਕੇ ਮਿਲ ਪਿਆ (ਉਸ ਦੇ ਹਿਰਦੇ ਵਿਚ) ਸੇਵਾ ਸੰਤੋਖ ਪ੍ਰੇਮ ਆਦਿਕ ਗੁਣ ਪੈਦਾ ਕਰ ਕੇ,

33083	773	ਸੰਤ ਜਨਾ ਕਰਿ ਮੇਲੁ ਗੁਰਬਾਣੀ ਗਾਵਾਈਆ ਬਲਿ ਰਾਮ ਜੀਉ॥		Santh Janaa Kar Mael Gurabaanee Gaavaaeeaa Bal Raam Jeeo ||	Joining with the humble Saints, I sing Gurbani.	ਸਾਧਸੰਗਤਿ ਦਾ (ਉਸ ਨਾਲ) ਮੇਲ ਕਰ ਕੇ ਗੁਰੂ ਨੇ (ਉਸ ਨੂੰ) ਸਿਫ਼ਤਿ-ਸਾਲਾਹ ਦੀ ਬਾਣੀ ਗਾਵਣ ਦੀ ਪ੍ਰੇਰਨਾ ਕੀਤੀ।
33084	773	ਬਾਣੀ ਗੁਰ ਗਾਈ ਪਰਮਗਤਿ ਪਾਈ ਪੰਚ ਮਿਲੇ ਸੋਹਾਇਆ॥		Baanee Gur Gaaee Param Gath Paaee Panch Milae Sohaaeiaa ||	Singing the Guru's Bani, I have obtained the supreme status; meeting with the Saints, the self-elect, I am blessed and adorned.	ਜਦੋਂ ਜੀਵ-ਇਸਤ੍ਰੀ ਨੇ ਗੁਰੂ ਦੀ ਉਚਾਰੀ ਹੋਈ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ ਬਾਣੀ ਗਾਣੀ ਸ਼ੁਰੂ ਕੀਤੀ, ਉਸ ਨੇ ਸਭ ਤੋਂ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲਈ। ਉਸ ਦੇ ਗਿਆਨ-ਇੰਦ੍ਰੇ (ਵਿਕਾਰਾਂ ਵਲ ਦੌੜਨ ਦੇ ਥਾਂ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨ ਵਿਚ) ਮਿਲ ਬੈਠੇ, ਤੇ ਸੋਹਣੇ ਲੱਗਣ ਲੱਗ ਪਏ।
33085	773	ਗਇਆ ਕਰੋਧੁ ਮਮਤਾ ਤਨਿ ਨਾਠੀ ਪਾਖੰਡੁ ਭਰਮੁ ਗਵਾਇਆ॥		Gaeiaa Karodhh Mamathaa Than Naathee Paakhandd Bharam Gavaaeiaa ||	Anger and attachment have left my body and run away; I have eradicated hypocrisy and doubt.	ਉਸ ਦੇ ਅੰਦਰੋਂ ਕ੍ਰੋਧ ਦੂਰ ਹੋ ਗਿਆ, ਉਸ ਦੇ ਸਰੀਰ ਵਿਚ ਵੱਸਦੀ ਮਮਤਾ ਨੱਸ ਗਈ, ਉਸ ਦਾ ਪਖੰਡ ਦੂਰ ਹੋ ਗਿਆ, ਭਟਕਣਾ ਦੂਰ ਹੋ ਗਈ।
33086	773	ਹਉਮੈ ਪੀਰ ਗਈ ਸੁਖੁ ਪਾਇਆ ਆਰੋਗਤ ਭਏ ਸਰੀਰਾ॥		Houmai Peer Gee Sukh Paaeiaa Aarogath Bheae Sareeraa ||	The pain of egotism is gone, and I have found peace; my body has become healthy and free of disease.	(ਉਸ ਦੇ ਅੰਦਰੋਂ) ਹਉਮੈ ਦੀ ਪੀੜ ਚਲੀ ਗਈ, ਉਸ ਦਾ ਸਾਰਾ ਸਰੀਰ ਨਿਰੋਆ ਹੋ ਗਿਆ, ਤੇ ਉਸ ਨੂੰ ਆਤਮਕ ਆਨੰਦ ਪ੍ਰਾਪਤ ਹੋ ਗਿਆ।

33087	773	ਗੁਰ ਪਰਸਾਦੀ ਬ੍ਰਹਮੁ ਪਛਾਤਾ ਨਾਨਕ ਗੁਣੀ ਗਹੀਰਾ॥੨॥		Gur Parasaadhee Breham Pashhaathaa Naanak Gunee Geheeraa ||2||	By Guru's Grace, O Nanak, I have realized God, the ocean of virtue. ||2||	ਹੇ ਨਾਨਕ! ਗੁਰੂ ਦੀ ਕਿਰਪਾ ਨਾਲ ਉਸ ਜੀਵ-ਇਸਤ੍ਰੀ ਨੇ ਗੁਣਾਂ ਦੇ ਮਾਲਕ ਡੂੰਘੇ ਜਿਗਰੇ ਵਾਲੇ ਪਰਮਾਤਮਾ ਨਾਲ ਸਾਂਝ ਪਾ ਲਈ ॥੨॥
33088	773	ਮਨਮੁਖਿ ਵਿਛੁੜੀ ਦੂਰਿ ਮਹਲੁ ਨ ਪਾਏ ਬਲਿ ਗਈ ਬਲਿ ਰਾਮ ਜੀਉ॥		Manamukh Vishhurree Dhoor Mehal N Paaeae Bal Gee Bal Raam Jeeo ||	The self-willed manmukh is separated, far away from God; she does not obtain the Mansion of His Presence, and she burns.	ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਪ੍ਰਭੂ-ਪਤੀ ਨਾਲੋਂ ਵਿਛੁੜੀ ਰਹਿੰਦੀ ਹੈ, (ਉਸ ਦੇ ਚਰਨਾਂ ਤੋਂ) ਦੂਰ ਰਹਿੰਦੀ ਹੈ, ਉਸ ਦੀ ਹਜ਼ੂਰੀ ਪ੍ਰਾਪਤ ਨਹੀਂ ਕਰ ਸਕਦੀ, (ਤ੍ਰਿਸ਼ਨਾ ਦੀ ਅੱਗ ਵਿਚ) ਸੜੀ ਰਹਿੰਦੀ ਹੈ।
33089	773	ਅੰਤਰਿ ਮਮਤਾ ਕੂਰਿ ਕੂੜੁ ਵਿਹਾਝੇ ਕੂੜਿ ਲਈ ਬਲਿ ਰਾਮ ਜੀਉ॥		Anthar Mamathaa Koor Koorr Vihaajhae Koorr Lee Bal Raam Jeeo ||	Egotism and falsehood are deep within her; deluded by falsehood, she deals only in falsehood.	ਉਸ ਦੇ ਅੰਦਰ ਝੂਠੀ ਮਮਤਾ ਬਣੀ ਰਹਿੰਦੀ ਹੈ, ਉਹ ਸਦਾ ਨਾਸਵੰਤ ਮਾਇਆ ਹੀ ਇਕੱਠੀ ਕਰਦੀ ਹੈ, ਮਾਇਆ ਉਸ ਨੂੰ ਸਦਾ ਗ੍ਰਸੀ ਰੱਖਦੀ ਹੈ।
33090	773	ਕੂੜੁ ਕਪਟੁ ਕਮਾਵੈ ਮਹਾ ਦੁਖੁ ਪਾਵੈ ਵਿਣੁ ਸਤਿਗੁਰ ਮਗੁ ਨ ਪਾਇਆ॥		Koorr Kapatt Kamaavai Mehaa Dhukh Paavai Vin Sathigur Mag N Paaeiaa ||	Practicing fraud and falsehood, she suffers terrible pain; without the True Guru, she does not find the way.	ਉਹ ਜੀਵ-ਇਸਤ੍ਰੀ (ਮਾਇਆ ਦੀ ਖ਼ਾਤਰ ਸਦਾ) ਝੂਠ ਠੱਗੀ (ਆਦਿਕ ਦੀ) ਕਾਰ ਕਰਦੀ ਹੈ, ਬੜਾ ਦੁੱਖ ਸਹਾਰਦੀ ਰਹਿੰਦੀ ਹੈ, ਗੁਰੂ ਦੀ ਸਰਨ ਪੈਣ ਤੋਂ ਬਿਨਾ ਉਸ ਨੂੰ (ਜ਼ਿੰਦਗੀ ਦਾ ਸਹੀ) ਰਸਤਾ ਨਹੀਂ ਲੱਭਦਾ।

33091	773	ਉਝੜ ਪੰਥਿ ਭ੍ਰਮੈ ਗਾਵਾਰੀ ਖਿਨੁ ਖਿਨੁ ਧਕੇ ਖਾਇਆ॥		Oujharr Panthh Bhramai Gaavaaree Khin Khin Dhhakae Khaaeiaa ||	The foolish soul-bride wanders along dismal pathways; each and every moment, she is bumped and pushed.	ਉਹ ਮੂਰਖ ਜੀਵ-ਇਸਤ੍ਰੀ ਉਜਾੜ ਦੇ ਰਸਤੇ ਵਿਚ (ਜਿਥੇ ਕਾਮਾਦਿਕ ਲੁਟੇਰੇ ਲੁੱਟ ਲੈਂਦੇ ਹਨ) ਭਟਕਦੀ ਫਿਰਦੀ ਹੈ, ਤੇ ਹਰ ਵੇਲੇ ਧੱਕੇ ਖਾਂਦੀ ਹੈ।
33092	773	ਆਪੇ ਦਇਆ ਕਰੇ ਪ੍ਰਭੁ ਦਾਤਾ ਸਤਿਗੁਰੁ ਪੁਰਖੁ ਮਿਲਾਏ॥		Aapae Dhaeiaa Karae Prabh Dhaathaa Sathigur Purakh Milaaeae ||	God, the Great Giver, shows His Mercy, and leads her to meet the True Guru, the Primal Being.	ਹੇ ਨਾਨਕ! ਜਿਨ੍ਹਾਂ ਮਨੁੱਖਾਂ ਉਤੇ ਦਾਤਾਰ ਪ੍ਰਭੂ ਆਪ ਹੀ ਦਇਆ ਕਰਦਾ ਹੈ, ਉਹਨਾਂ ਨੂੰ ਸਮਰੱਥ ਗੁਰੂ ਮਿਲਾ ਦੇਂਦਾ ਹੈ।
33093	773	ਜਨਮ ਜਨਮ ਕੇ ਵਿਛੁੜੇ ਜਨ ਮੇਲੇ ਨਾਨਕ ਸਹਜਿ ਸੁਭਾਏ॥੩॥		Janam Janam Kae Vishhurrae Jan Maelae Naanak Sehaj Subhaaeae ||3||	Those beings who have been separated for countless incarnations, O Nanak, are reunited with the Lord, with intuitive ease. ||3||	ਗੁਰੂ ਉਹਨਾਂ ਅਨੇਕਾਂ ਜਨਮਾਂ ਦੇ ਵਿਛੁੜੇ ਹੋਇਆਂ ਨੂੰ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਟਿਕਾ ਕੇ ਪ੍ਰਭੂ ਨਾਲ ਮਿਲਾ ਦੇਂਦਾ ਹੈ ॥੩॥
33094	773	ਆਇਆ ਲਗਨੁ ਗਣਾਇ ਹਿਰਦੈ ਧਨ ਓਮਾਹੀਆ ਬਲਿ ਰਾਮ ਜੀਉ॥	ਲਗਨੁ:ਪੋਲਾ ਬੋਲੋ	Aaeiaa Lagan Ganaae Hiradhai Dhhan Oumaaheeaa Bal Raam Jeeo ||	Calculating the most auspicious moment, the Lord comes into the bride's home; her heart is filled with ecstasy.	(ਜਿਵੇਂ ਜਦੋਂ ਲਾੜਾ) ਮੁਹੂਰਤ ਕਢਾ ਕੇ (ਜੰਞ ਲੈ ਕੇ) ਆਉਂਦਾ ਹੈ (ਤਾਂ,) ਇਸਤ੍ਰੀ ਆਪਣੇ ਹਿਰਦੇ ਵਿਚ ਖ਼ੁਸ਼ ਹੁੰਦੀ ਹੈ,

33095	773	ਪੰਡਿਤ ਪਾਧੇ ਆਨਿ ਪਤੀ ਬਹਿ ਵਾਚਾਈਆ ਬਲਿ ਰਾਮ ਜੀਉ॥	ਮਨ ਲਾੜੇ ਨੂੰ ਸਿੱਖਿਆ ਦੇਣ ਵਾਲੇ (ਪੰਡਿਤ)ਗੁਰਸੇਵਕ, (ਪਾਧੇ)ਭਗਤ। (ਪੱਤੀ)ਚਿੱਠੀ। (ਵਾਚਾਈਆ)ਪ੍ਰੇਮਾ-ਭਗਤੀ ਪੜ੍ਹਾਈ	Panddith Paadhhae Aan Pathee Behi Vaachaaeeaa Bal Raam Jeeo ||	The Pandits and astrologers have come, to sit and consult the almanacs.	ਪਾਂਧੇ ਪੰਡਿਤ ਪੱਤ੍ਰੀ ਲਿਆ ਕੇ ਬੈਠ ਕੇ (ਫੇਰੇ ਦੇਣ ਦਾ ਵੇਲਾ) ਵਿਚਾਰਦੇ ਹਨ।
33096	773	ਪਤੀ ਵਾਚਾਂਈ ਮਨਿ ਵਜੀ ਵਧਾਈ ਜਬ ਸਾਜਨ ਸੁਣੇ ਘਰਿ ਆਏ॥		Pathee Vaachaaee Man Vajee Vadhhaaee Jab Saajan Sunae Ghar Aaeae ||	They have consulted the almanacs, and the bride's mind vibrates with bliss, when she hears that her Friend is coming into the home of her heart.	(ਪਾਂਧੇ ਪੰਡਿਤ) ਪੱਤ੍ਰੀ ਵਿਚਾਰਦੇ ਹਨ (ਉਧਰ) ਜਦੋਂ (ਵਿਆਹ ਵਾਲੀ ਕੰਨਿਆ) ਸੱਜਣ ਘਰ ਵਿਚ ਆਏ ਸੁਣਦੀ ਹੈ, ਤਾਂ ਉਸ ਦੇ ਮਨ ਵਿਚ ਖ਼ੁਸ਼ੀ ਦੀ ਲਹਿਰ ਚੱਲ ਪੈਂਦੀ ਹੈ।

33097	773	ਗੁਣੀ ਗਿਆਨੀ ਬਹਿ ਮਤਾ ਪਕਾਇਆ ਫੇਰੇ ਤਤੁ ਦਿਵਾਏ॥	ਮਤਾ	Gunee Giaanee Behi Mathaa Pakaaeiaa Faerae Thath Dhivaaeae ||	The virtuous and wise men sat down and decided to perform the marriage immediately.	ਗੁਣਵਾਨ ਬੈਠ ਕੇ ਫ਼ੈਸਲਾ ਕਰਦੇ ਹਨ, ਤੇ, ਤੁਰਤ ਫੇਰੇ ਦੇ ਦੇਂਦੇ ਹਨ (ਤਿਵੇਂ, ਗੁਰੂ ਦੀ ਕਿਰਪਾ ਨਾਲ ਪ੍ਰਭੂ ਜੀਵ-ਇਸਤ੍ਰੀ ਦੇ ਅੰਦਰ ਪਰਗਟ ਹੁੰਦਾ ਹੈ, ਜੀਵ-ਇਸਤ੍ਰੀ ਦੇ ਹਿਰਦੇ ਵਿਚ ਆਤਮਕ ਆਨੰਦ ਦੀ ਲਹਿਰ ਚੱਲ ਪੈਂਦੀ ਹੈ। ਗੁਰਮੁਖ ਬਾਣੀ ਦੇ ਰਸੀਏ ਸਾਧ ਸੰਗਤਿ ਵਿਚ ਮਿਲ ਕੇ ਗੁਰੂ ਦੀ ਬਾਣੀ ਪੜ੍ਹਦੇ ਵਿਚਾਰਦੇ ਹਨ। ਜਿਉਂ ਜਿਉਂ ਗੁਰਬਾਣੀ ਵਿਚਾਰਦੇ ਹਨ, ਜੀਵ-ਇਸਤ੍ਰੀ ਦੇ ਹਿਰਦੇ-ਘਰ ਵਿਚ ਸੱਜਣ-ਪ੍ਰਭੂ ਦਾ ਪਰਕਾਸ਼ ਹੁੰਦਾ ਹੈ, ਉਸ ਦੇ ਮਨ ਵਿਚ ਆਨੰਦ ਦੇ, ਮਾਨੋ, ਵਾਜੇ ਵੱਜਦੇ ਹਨ। ਗੁਰਮੁਖ ਸਤਸੰਗੀ ਜੀਵ-ਇਸਤ੍ਰੀ ਦਾ ਪ੍ਰਭੂ-ਪਤੀ ਨਾਲ ਮਿਲਾਪ ਕਰਾ ਦੇਂਦੇ ਹਨ)।
33098	773	ਵਰੁ ਪਾਇਆ ਪੁਰਖੁ ਅਗੰਮੁ ਅਗੋਚਰੁ ਸਦ ਨਵਤਨੁ ਬਾਲ ਸਖਾਈ॥		Var Paaeiaa Purakh Aganm Agochar Sadh Navathan Baal Sakhaaee ||	She has found her Husband, the Inaccessible, Unfathomable Primal Lord, who is forever young; He is her Best Friend from her earliest childhood.	ਜੀਵ-ਇਸਤ੍ਰੀ ਨੂੰ ਖਸਮ-ਪ੍ਰਭੂ ਮਿਲ ਪੈਂਦਾ ਹੈ ਜੋ (ਸਾਧਾਰਨ ਉੱਦਮ ਨਾਲ) ਅਪਹੁੰਚ ਹੈ, ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਜੋ ਸਦਾ ਨਵੇਂ ਪਿਆਰ ਵਾਲਾ ਹੈ, ਜੋ ਬਚਪਨ ਤੋਂ ਹੀ ਮਿੱਤਰ ਚਲਾ ਆਉਂਦਾ ਹੈ।

33099	773	ਨਾਨਕ ਕਿਰਪਾ ਕਰਿ ਕੈ ਮੇਲੇ ਵਿਛੁੜਿ ਕਦੇ ਨ ਜਾਈ॥੪॥੧॥		Naanak Kirapaa Kar Kai Maelae Vishhurr Kadhae N Jaaee ||4||1||	O Nanak, he has mercifully united the bride with Himself. She shall never be separated again. ||4||1||	ਹੇ ਨਾਨਕ! ਜਿਸ ਜੀਵ-ਇਸਤ੍ਰੀ ਨੂੰ ਉਹ ਪ੍ਰਭੂ ਕਿਰਪਾ ਕਰ ਕੇ ਆਪਣੇ ਨਾਲ ਮਿਲਾਂਦਾ ਹੈ, ਉਹ ਮੁੜ ਕਦੇ ਉਸ ਤੋਂ ਨਹੀਂ ਵਿਛੁੜਦੀ ॥੪॥੧॥
33100	773	ਸੂਹੀ ਮਹਲਾ ੪॥		Soohee Mehalaa 4 ||	Soohee, Fourth Mehl:	
33101	773	ਹਰਿ ਪਹਿਲੜੀ ਲਾਵ ਪਰਵਿਰਤੀ ਕਰਮ ਦ੍ਰਿੜਾਇਆ ਬਲਿ ਰਾਮ ਜੀਉ॥	(ਲਾਵ)ਪ੍ਰਕਰਮਾਂ, ਅਵਸਥਾ, ਲਗਨ, ਸਿੱਖਿਆ। ਸ਼ੁਭ ਗੁਣਾਂ ਚ (ਪਰ-ਵਿਰਤੀ)ਪ੍ਰਵਿਰਤ ਹੋਣਾ।(ਕਰਮ)ਨਿਸ਼ਕਾਮ ਕਰਮ। ਬਿਸ੍ਰਾਮ ਲਾਵ ਤੇ ਹਨ	Har Pehilarree Laav Paravirathee Karam Dhrirraaeiaa Bal Raam Jeeo ||	In the first round of the marriage ceremony, the Lord sets out His Instructions for performing the daily duties of married life.	ਹੇ ਰਾਮ ਜੀ! ਮੈਂ ਤੈਥੋਂ ਸਦਕੇ ਹਾਂ। (ਤੇਰੀ ਮਿਹਰ ਨਾਲ ਗੁਰੂ ਨੇ ਸਿੱਖ ਨੂੰ) ਹਰਿ-ਨਾਮ ਜਪਣ ਦੇ ਆਹਰ ਵਿਚ ਰੁੱਝਣ ਦਾ ਕੰਮ ਨਿਸ਼ਚੇ ਕਰਾਇਆ ਹੈ (ਤਾਕੀਦ ਕੀਤੀ ਹੈ)। ਇਹੀ ਹੈ ਪ੍ਰਭੂ-ਪਤੀ ਨਾਲ (ਜੀਵ-ਇਸਤ੍ਰੀ ਦੇ ਵਿਆਹ ਦੀ) ਪਹਿਲੀ ਸੋਹਣੀ ਲਾਂਵ।
33102	773	ਬਾਣੀ ਬ੍ਰਹਮਾ ਵੇਦੁ ਧਰਮੁ ਦ੍ਰਿੜਹੁ ਪਾਪ ਤਜਾਇਆ ਬਲਿ ਰਾਮ ਜੀਉ॥		Baanee Brehamaa Vaedh Dhharam Dhrirrahu Paap Thajaaeiaa Bal Raam Jeeo ||	Instead of the hymns of the Vedas to Brahma, embrace the righteous conduct of Dharma, and renounce sinful actions.	ਹੇ ਭਾਈ! ਗੁਰੂ ਦੀ ਬਾਣੀ ਹੀ (ਸਿੱਖ ਵਾਸਤੇ) ਬ੍ਰਹਮਾ ਦਾ ਵੇਦ ਹੈ। ਇਸ ਬਾਣੀ ਦੀ ਬਰਕਤਿ ਨਾਲ ਪਰਮਾਤਮਾ ਦਾ ਨਾਮ ਸਿਮਰਨ ਦਾ) ਧਰਮ (ਆਪਣੇ ਹਿਰਦੇ ਵਿਚ) ਪੱਕਾ ਕਰੋ (ਨਾਮ ਸਿਮਰਿਆਂ ਸਾਰੇ) ਪਾਪ ਦੂਰ ਹੋ ਜਾਂਦੇ ਹਨ।

33103	773	ਧਰਮੁ ਦ੍ਰਿੜਹੁ ਹਰਿ ਨਾਮੁ ਧਿਆਵਹੁ ਸਿਮ੍ਰਿਤਿ ਨਾਮੁ ਦ੍ਰਿੜਾਇਆ॥	ਸਿਮ-ਰ੍ਿਤਿ	Dhharam Dhrirrahu Har Naam Dhhiaavahu Simrith Naam Dhrirraaeiaa ||	Meditate on the Lord's Name; embrace and enshrine the contemplative remembrance of the Naam.	ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਦੇ ਰਹੋ, (ਮਨੁੱਖਾ ਜੀਵਨ ਦਾ ਇਹ) ਧਰਮ (ਆਪਣੇ ਅੰਦਰ) ਪੱਕਾ ਕਰ ਲਵੋ। ਗੁਰੂ ਨੇ ਜੋ ਨਾਮ ਸਿਮਰਨ ਦੀ ਤਾਕੀਦ ਕੀਤੀ ਹੈ, ਇਹੀ ਸਿੱਖ ਵਾਸਤੇ ਸਿਮ੍ਰਿਤਿ (ਦਾ ਉਪਦੇਸ਼) ਹੈ।
33104	773	ਸਤਿਗੁਰੁ ਗੁਰੁ ਪੂਰਾ ਆਰਾਧਹੁ ਸਭਿ ਕਿਲਵਿਖ ਪਾਪ ਗਵਾਇਆ॥		Sathigur Gur Pooraa Aaraadhhahu Sabh Kilavikh Paap Gavaaeiaa ||	Worship and adore the Guru, the Perfect True Guru, and all your sins shall be dispelled.	ਹੇ ਭਾਈ! ਪੂਰੇ ਗੁਰੂ (ਦੇ ਇਸ ਉਪਦੇਸ਼ ਨੂੰ) ਹਰ ਵੇਲੇ ਚੇਤੇ ਰੱਖੋ, ਸਾਰੇ ਪਾਪ ਵਿਕਾਰ (ਇਸ ਦੀ ਬਰਕਤਿ ਨਾਲ) ਦੂਰ ਹੋ ਜਾਂਦੇ ਹਨ।
33105	773	ਸਹਜ ਅਨੰਦੁ ਹੋਆ ਵਡਭਾਗੀ ਮਨਿ ਹਰਿ ਹਰਿ ਮੀਠਾ ਲਾਇਆ॥		Sehaj Anandh Hoaa Vaddabhaagee Man Har Har Meethaa Laaeiaa ||	By great good fortune, celestial bliss is attained, and the Lord, Har, Har, seems sweet to the mind.	ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦਾ ਨਾਮ ਪਿਆਰਾ ਲੱਗਣ ਲੱਗ ਪੈਂਦਾ ਹੈ, ਉਸ ਵੱਡੇ ਭਾਗਾਂ ਵਾਲੇ ਨੂੰ ਆਤਮਕ ਅਡੋਲਤਾ ਦਾ ਸੁਖ ਮਿਲਿਆ ਰਹਿੰਦਾ ਹੈ।
33106	774	ਜਨੁ ਕਹੈ ਨਾਨਕੁ ਲਾਵ ਪਹਿਲੀ ਆਰੰਭੁ ਕਾਜੁ ਰਚਾਇਆ॥੧॥		Jan Kehai Naanak Laav Pehilee Aaranbh Kaaj Rachaaeiaa ||1||	Servant Nanak proclaims that, in this, the first round of the marriage ceremony, the marriage ceremony has begun. ||1||	ਦਾਸ ਨਾਨਕ ਆਖਦਾ ਹੈ- ਪਰਮਾਤਮਾ ਦਾ ਨਾਮ ਜਪਣਾ ਹੀ ਪ੍ਰਭੂ-ਪਤੀ ਨਾਲ ਜੀਵ-ਇਸਤ੍ਰੀ ਦੇ ਵਿਆਹ ਦੀ ਪਹਿਲੀ ਲਾਂਵ ਹੈ। ਹਰਿ-ਨਾਮ ਸਿਮਰਨ ਤੋਂ ਹੀ (ਪ੍ਰਭੂ-ਪਤੀ ਨਾਲ ਜੀਵ-ਇਸਤ੍ਰੀ ਦੇ) ਵਿਆਹ (ਦਾ) ਮੁੱਢ ਬੱਝਦਾ ਹੈ ॥੧॥

33107	774	ਹਰਿ ਦੂਜੜੀ ਲਾਵ ਸਤਿਗੁਰੁ ਪੁਰਖੁ ਮਿਲਾਇਆ ਬਲਿ ਰਾਮ ਜੀਉ॥		Har Dhoojarree Laav Sathigur Purakh Milaaeiaa Bal Raam Jeeo ||	In the second round of the marriage ceremony, the Lord leads you to meet the True Guru, the Primal Being.	ਹੇ ਰਾਮ ਜੀ! ਮੈਂ ਤੈਥੋਂ ਸਦਕੇ ਹਾਂ। ਇਹੀ ਹੈ ਪ੍ਰਭੂ-ਪਤੀ ਨਾਲ (ਜੀਵ-ਇਸਤ੍ਰੀ ਦੇ ਵਿਆਹ ਦੀ) ਦੂਜੀ ਸੋਹਣੀ ਲਾਂਵ- (ਜੋ ਤੂੰ ਮਿਹਰ ਕਰ ਕੇ ਜਿਸ ਜੀਵ-ਇਸਤ੍ਰੀ ਨੂੰ) ਗੁਰੂ ਮਹਾ ਪੁਰਖ ਮਿਲਾ ਦੇਂਦਾ ਹੈਂ,
33108	774	ਨਿਰਭਉ ਭੈ ਮਨੁ ਹੋਇ ਹਉਮੈ ਮੈਲੁ ਗਵਾਇਆ ਬਲਿ ਰਾਮ ਜੀਉ॥		Nirabho Bhai Man Hoe Houmai Mail Gavaaeiaa Bal Raam Jeeo ||	With the Fear of God, the Fearless Lord in the mind, the filth of egotism is eradicated.	(ਉਸ ਦਾ) ਮਨ (ਦੁਨੀਆ ਦੇ) ਸਾਰੇ ਡਰਾਂ ਵਲੋਂ ਨਿਡਰ ਹੋ ਜਾਂਦਾ ਹੈ, (ਗੁਰੂ ਉਸ ਦੇ ਅੰਦਰੋਂ) ਹਉਮੈ ਦੀ ਮੈਲ ਦੂਰ ਕਰ ਦੇਂਦਾ ਹੈ।
33109	774	ਨਿਰਮਲੁ ਭਉ ਪਾਇਆ ਹਰਿ ਗੁਣ ਗਾਇਆ ਹਰਿ ਵੇਖੈ ਰਾਮੁ ਹਦੂਰੇ॥		Niramal Bho Paaeiaa Har Gun Gaaeiaa Har Vaekhai Raam Hadhoorae ||	In the Fear of God, the Immaculate Lord, sing the Glorious Praises of the Lord, and behold the Lord's Presence before you.	ਹੇ ਭਾਈ! (ਜੇਹੜੀ ਜੀਵ-ਇਸਤ੍ਰੀ ਹਉਮੈ ਦੂਰ ਕਰ ਕੇ) ਪਰਮਾਤਮਾ ਦੇ ਗੁਣ ਗਾਂਦੀ ਹੈ, ਉਸ ਦੇ ਅੰਦਰ (ਪ੍ਰਭੂ-ਪਤੀ ਵਾਸਤੇ) ਆਦਰ-ਸਤਕਾਰ ਪੈਦਾ ਹੋ ਜਾਂਦਾ ਹੈ, ਉਹ ਪਰਮਾਤਮਾ ਨੂੰ ਆਪਣੇ ਅੰਗ-ਸੰਗ ਵੱਸਦਾ ਵੇਖਦੀ ਹੈ।
33110	774	ਹਰਿ ਆਤਮ ਰਾਮੁ ਪਸਾਰਿਆ ਸੁਆਮੀ ਸਰਬ ਰਹਿਆ ਭਰਪੂਰੇ॥		Har Aatham Raam Pasaariaa Suaamee Sarab Rehiaa Bharapoorae ||	The Lord, the Supreme Soul, is the Lord and Master of the Universe; He is pervading and permeating everywhere, fully filling all spaces.	(ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ ਇਹ ਜਗਤ-ਖਿਲਾਰਾ) ਪ੍ਰਭੂ ਆਪਣੇ ਆਪੇ ਦਾ ਪਸਾਰਾ ਪਸਾਰ ਰਿਹਾ ਹੈ, ਅਤੇ ਉਹ ਮਾਲਕ-ਪ੍ਰਭੂ ਸਭ ਜੀਵਾਂ ਵਿਚ ਵਿਆਪਕ ਹੋ ਰਿਹਾ ਹੈ।

33111	774	ਅੰਤਰਿ ਬਾਹਰਿ ਹਰਿ ਪ੍ਰਭੁ ਏਕੋ ਮਿਲਿ ਹਰਿ ਜਨ ਮੰਗਲ ਗਾਏ॥		Anthar Baahar Har Prabh Eaeko Mil Har Jan Mangal Gaaeae ||	Deep within, and outside as well, there is only the One Lord God. Meeting together, the humble servants of the Lord sing the songs of joy.	(ਉਸ ਜੀਵ-ਇਸਤ੍ਰੀ ਨੂੰ ਆਪਣੇ) ਅੰਦਰ ਅਤੇ ਬਾਹਰ (ਸਾਰੇ ਜਗਤ ਵਿਚ) ਸਿਰਫ਼ ਪਰਮਾਤਮਾ ਹੀ (ਵੱਸਦਾ ਦਿੱਸਦਾ ਹੈ), ਸਾਧ ਸੰਗਤਿ ਵਿਚ ਮਿਲ ਕੇ ਉਹ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੀ ਰਹਿੰਦੀ ਹੈ।
33112	774	ਜਨ ਨਾਨਕ ਦੂਜੀ ਲਾਵ ਚਲਾਈ ਅਨਹਦ ਸਬਦ ਵਜਾਏ॥੨॥		Jan Naanak Dhoojee Laav Chalaaee Anehadh Sabadh Vajaaeae ||2||	Servant Nanak proclaims that, in this, the second round of the marriage ceremony, the unstruck sound current of the Shabad resounds. ||2||	ਹੇ ਦਾਸ ਨਾਨਕ! (ਆਖ-ਗੁਰੂ ਦੀ ਸਰਨ ਪੈ ਕੇ, ਹਉਮੈ ਦੂਰ ਕਰਕੇ ਪ੍ਰਭੂ ਸਿਫ਼ਤਿ-ਸਾਲਾਹ ਦੇ ਗੀਤ ਗਾਏ ਅਤੇ ਉਸ ਨੂੰ ਸਰਬ-ਵਿਆਪਕ ਵੇਖਣਾ-ਪ੍ਰਭੂ ਨੇ ਇਹ) ਦੂਜੀ ਲਾਂਵ (ਜੀਵ-ਇਸਤ੍ਰੀ ਦੇ ਵਿਆਹ ਦੀ) ਤੋਰ ਦਿੱਤੀ ਹੈ, (ਇਸ ਆਤਮਕ ਅਵਸਥਾ ਤੇ ਪਹੁੰਚੀ ਜੀਵ-ਇਸਤ੍ਰੀ ਦੇ ਅੰਦਰ ਪ੍ਰਭੂ) ਸਿਫ਼ਤਿ-ਸਾਲਾਹ ਦੀ ਬਾਣੀ ਦੇ, ਮਾਨੋ, ਇਕ-ਰਸ ਵਾਜੇ ਵਜਾ ਦੇਂਦਾ ਹੈ ॥੨॥

33113	774	ਹਰਿ ਤੀਜੜੀ ਲਾਵ ਮਨਿ ਚਾਉ ਭਇਆ ਬੈਰਾਗੀਆ ਬਲਿ ਰਾਮ ਜੀਉ॥		Har Theejarree Laav Man Chaao Bhaeiaa Bairaageeaa Bal Raam Jeeo ||	In the third round of the marriage ceremony, the mind is filled with Divine Love.	ਹੇ ਰਾਮ ਜੀ! ਮੈਂ ਤੈਥੋਂ ਸਦਕੇ ਹਾਂ। (ਤੇਰੀ ਮਿਹਰ ਨਾਲ) ਵੈਰਾਗਵਾਨਾਂ ਦੇ ਮਨ ਵਿਚ (ਤੇਰੇ ਮਿਲਾਪ ਲਈ) ਤਾਂਘ ਪੈਦਾ ਹੁੰਦੀ ਹੈ, (ਇਹ ਆਤਮਕ ਅਵਸਥਾ ਪ੍ਰਭੂ-ਪਤੀ ਨਾਲ ਜੀਵ-ਇਸਤ੍ਰੀ ਦੇ ਵਿਆਹ ਦੀ) ਤੀਜੀ ਸੋਹਣੀ ਲਾਂਵ ਹੈ।
33114	774	ਸੰਤ ਜਨਾ ਹਰਿ ਮੇਲੁ ਹਰਿ ਪਾਇਆ ਵਡਭਾਗੀਆ ਬਲਿ ਰਾਮ ਜੀਉ॥		Santh Janaa Har Mael Har Paaeiaa Vaddabhaageeaa Bal Raam Jeeo ||	Meeting with the humble Saints of the Lord, I have found the Lord, by great good fortune.	ਹੇ ਭਾਈ! ਜਿਨ੍ਹਾਂ ਵੱਡੇ ਭਾਗਾਂ ਵਾਲੇ ਮਨੁੱਖਾਂ ਨੂੰ ਸੰਤ ਜਨਾਂ ਦਾ ਮਿਲਾਪ ਹਾਸਲ ਹੁੰਦਾ ਹੈ, ਉਹਨਾਂ ਨੂੰ ਪਰਮਾਤਮਾ ਦਾ ਮੇਲ ਪ੍ਰਾਪਤ ਹੁੰਦਾ ਹੈ।
33115	774	ਨਿਰਮਲੁ ਹਰਿ ਪਾਇਆ ਹਰਿ ਗੁਣ ਗਾਇਆ ਮੁਖਿ ਬੋਲੀ ਹਰਿ ਬਾਣੀ॥		Niramal Har Paaeiaa Har Gun Gaaeiaa Mukh Bolee Har Baanee ||	I have found the Immaculate Lord, and I sing the Glorious Praises of the Lord. I speak the Word of the Lord's Bani.	(ਉਹ ਮਨੁੱਖ ਜੀਵਨ ਨੂੰ) ਪਵਿੱਤਰ ਕਰਨ ਵਾਲੇ ਪ੍ਰਭੂ ਦਾ ਮਿਲਾਪ ਪ੍ਰਾਪਤ ਕਰਦੇ ਹਨ, ਸਦਾ ਪ੍ਰਭੂ ਦੇ ਗੁਣ ਗਾਂਦੇ ਹਨ, ਅਤੇ ਮੂੰਹ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦੇ ਹਨ।

33116	774	ਸੰਤ ਜਨਾ ਵਡਭਾਗੀ ਪਾਇਆ ਹਰਿ ਕਥੀਐ ਅਕਥ ਕਹਾਣੀ॥	ਅਕਥ:ਪੋਲਾ ਬੋਲੋ	Santh Janaa Vaddabhaagee Paaeiaa Har Kathheeai Akathh Kehaanee ||	By great good fortune, I have found the humble Saints, and I speak the Unspoken Speech of the Lord.	ਉਹ ਵਡ-ਭਾਗੀ ਮਨੁੱਖ ਸੰਤ ਜਨਾਂ ਦੀ ਸੰਗਤਿ ਵਿਚ ਪ੍ਰਭੂ-ਮਿਲਾਪ ਪ੍ਰਾਪਤ ਕਰਦੇ ਹਨ। ਹੇ ਭਾਈ! ਅਕੱਥ ਪ੍ਰਭੂ ਦੀ ਸਿਫ਼ਤਿ-ਸਾਲਾਹ ਸਦਾ ਕਰਦੇ ਰਹਿਣਾ ਚਾਹੀਦਾ ਹੈ।
33117	774	ਹਿਰਦੈ ਹਰਿ ਹਰਿ ਹਰਿ ਧੁਨਿ ਉਪਜੀ ਹਰਿ ਜਪੀਐ ਮਸਤਕਿ ਭਾਗੁ ਜੀਉ॥		Hiradhai Har Har Har Dhhun Oupajee Har Japeeai Masathak Bhaag Jeeo ||	The Name of the Lord, Har, Har, Har, vibrates and resounds within my heart; meditating on the Lord, I have realized the destiny inscribed upon my forehead.	(ਜਿਹੜਾ ਮਨੁੱਖ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ, ਉਸ ਦੇ) ਹਿਰਦੇ ਵਿਚ ਸਦਾ ਟਿਕੀ ਰਹਿਣ ਵਾਲੀ ਪ੍ਰਭੂ-ਪ੍ਰੇਮ ਦੀ ਰੌ ਚੱਲ ਪੈਂਦੀ ਹੈ। ਪਰ, ਹੇ ਭਾਈ! ਪਰਮਾਤਮਾ ਦਾ ਨਾਮ (ਤਦੋਂ ਹੀ) ਜਪਿਆ ਜਾ ਸਕਦਾ ਹੈ, ਜੇ ਮੱਥੇ ਉੱਤੇ ਚੰਗਾ ਭਾਗ ਜਾਗ ਪਏ।
33118	774	ਜਨੁ ਨਾਨਕੁ ਬੋਲੇ ਤੀਜੀ ਲਾਵੈ ਹਰਿ ਉਪਜੈ ਮਨਿ ਬੈਰਾਗੁ ਜੀਉ॥੩॥		Jan Naanak Bolae Theejee Laavai Har Oupajai Man Bairaag Jeeo ||3||	Servant Nanak proclaims that, in this, the third round of the marriage ceremony, the mind is filled with Divine Love for the Lord. ||3||	ਹੇ ਭਾਈ! ਦਾਸ ਨਾਨਕ ਆਖਦਾ ਹੈ (ਕਿ ਪ੍ਰਭੂ-ਪਤੀ ਨਾਲ ਜੀਵ-ਇਸਤ੍ਰੀ ਦੇ ਵਿਆਹ ਦੀ) ਤੀਜੀ ਲਾਂਵ ਸਮੇ (ਜੀਵ-ਇਸਤ੍ਰੀ ਦੇ) ਮਨ ਵਿਚ ਪ੍ਰਭੂ (-ਮਿਲਾਪ ਦੀ) ਤੀਬਰ ਤਾਂਘ ਪੈਦਾ ਹੋ ਜਾਂਦੀ ਹੈ ॥੩॥

33119	774	ਹਰਿ ਚਉਥੜੀ ਲਾਵ ਮਨਿ ਸਹਜੁ ਭਇਆ ਹਰਿ ਪਾਇਆ ਬਲਿ ਰਾਮ ਜੀਉ॥		Har Chouthharree Laav Man Sehaj Bhaeiaa Har Paaeiaa Bal Raam Jeeo ||	In the fourth round of the marriage ceremony, my mind has become peaceful; I have found the Lord.	ਹੇ ਸੋਹਣੇ ਰਾਮ! ਮੈਂ ਤੈਥੋਂ ਸਦਕੇ ਹਾਂ। (ਤੇਰੀ ਮੇਹਰ ਨਾਲ ਜਿਸ ਜੀਵ-ਇਸਤ੍ਰੀ ਦੇ) ਮਨ ਵਿਚ ਆਤਮਕ ਅਡੋਲਤਾ ਪੈਦਾ ਹੋ ਜਾਂਦੀ ਹੈ, ਉਸ ਨੂੰ ਤੇਰਾ ਮਿਲਾਪ ਹੋ ਜਾਂਦਾ ਹੈ। (ਇਹ ਆਤਮਕ ਅਵਸਥਾ ਪ੍ਰਭੂ-ਪਤੀ ਨਾਲ ਜੀਵ-ਇਸਤ੍ਰੀ ਦੇ ਮਿਲਾਪ ਦੀ) ਚੌਥੀ ਸੋਹਣੀ ਲਾਂਵ ਹੈ।
33120	774	ਗੁਰਮੁਖਿ ਮਿਲਿਆ ਸੁਭਾਇ ਹਰਿ ਮਨਿ ਤਨਿ ਮੀਠਾ ਲਾਇਆ ਬਲਿ ਰਾਮ ਜੀਉ॥		Guramukh Miliaa Subhaae Har Man Than Meethaa Laaeiaa Bal Raam Jeeo ||	As Gurmukh, I have met Him, with intuitive ease; the Lord seems so sweet to my mind and body.	ਹੇ ਭਾਈ! ਗੁਰੂ ਦੀ ਸਰਨ ਪੈ ਕੇ (ਪ੍ਰਭੂ-) ਪ੍ਰੇਮ ਵਿਚ (ਟਿਕ ਕੇ, ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ) ਮਿਲ ਪੈਂਦਾ ਹੈ, (ਉਸ ਦੇ) ਮਨ ਵਿਚ (ਉਸ ਦੇ) ਤਨ ਵਿਚ ਪ੍ਰਭੂ ਪਿਆਰਾ ਲੱਗਣ ਲੱਗ ਪੈਂਦਾ ਹੈ।
33121	774	ਹਰਿ ਮੀਠਾ ਲਾਇਆ ਮੇਰੇ ਪ੍ਰਭ ਭਾਇਆ ਅਨ ਦਿਨੁ ਹਰਿ ਲਿਵ ਲਾਈ॥		Har Meethaa Laaeiaa Maerae Prabh Bhaaeiaa Anadhin Har Liv Laaee ||	The Lord seems so sweet; I am pleasing to my God. Night and day, I lovingly focus my consciousness on the Lord.	ਹੇ ਭਾਈ! ਜਿਸ ਜੀਵ ਨੂੰ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ, ਪ੍ਰਭੂ ਨੂੰ ਉਹ ਜੀਵ ਪਿਆਰਾ ਲੱਗਣ ਲੱਗ ਪੈਂਦਾ ਹੈ। ਉਹ ਮਨੁੱਖ ਸਦਾ ਪ੍ਰਭੂ (ਦੀ ਯਾਦ ਵਿਚ (ਆਪਣੀ) ਸੁਰਤ ਜੋੜੀ ਰੱਖਦਾ ਹੈ।

33122	774	ਮਨ ਚਿੰਦਿਆ ਫਲੁ ਪਾਇਆ ਸੁਆਮੀ ਹਰਿ ਨਾਮਿ ਵਜੀ ਵਾਧਾਈ॥		Man Chindhiaa Fal Paaeiaa Suaamee Har Naam Vajee Vaadhhaaee ||	I have obtained my Lord and Master, the fruit of my mind's desires. The Lord's Name resounds and resonates.	ਉਹ ਮਨੁੱਖ ਪ੍ਰਭੂ-ਮਿਲਾਪ ਦਾ ਮਨ-ਇੱਛਤ ਫਲ ਪ੍ਰਾਪਤ ਕਰ ਲੈਂਦਾ ਹੈ। ਪ੍ਰਭੂ ਦੇ ਨਾਮ ਦੀ ਬਰਕਤਿ ਨਾਲ (ਉਸ ਦੇ ਅੰਦਰ ਸਦਾ) ਚੜ੍ਹਦੀ ਕਲਾ ਬਣੀ ਰਹਿੰਦੀ ਹੈ।
33123	774	ਹਰਿ ਪ੍ਰਭਿ ਠਾਕੁਰਿ ਕਾਜੁ ਰਚਾਇਆ ਧਨ ਹਿਰਦੈ ਨਾਮਿ ਵਿਗਾਸੀ॥		Har Prabh Thaakur Kaaj Rachaaeiaa Dhhan Hiradhai Naam Vigaasee ||	The Lord God, my Lord and Master, blends with His bride, and her heart blossoms forth in the Naam.	ਹੇ ਭਾਈ! ਪ੍ਰਭੂ ਨੇ, ਮਾਲਕ-ਹਰੀ ਨੇ (ਜਿਸ ਜੀਵ-ਇਸਤ੍ਰੀ ਦੇ) ਵਿਆਹ ਦਾ ਉੱਦਮ ਸ਼ੁਰੂ ਕਰ ਦਿੱਤਾ, ਉਹ ਜੀਵ-ਇਸਤ੍ਰੀ ਨਾਮ ਸਿਮਰਨ ਦੀ ਬਰਕਤਿ ਨਾਲ (ਆਪਣੇ) ਹਿਰਦੇ ਵਿਚ ਸਦਾ ਆਨੰਦ-ਭਰਪੂਰ ਰਹਿੰਦੀ ਹੈ।
33124	774	ਜਨੁ ਨਾਨਕੁ ਬੋਲੇ ਚਉਥੀ ਲਾਵੈ ਹਰਿ ਪਾਇਆ ਪ੍ਰਭੁ ਅਵਿਨਾਸੀ॥੪॥੨॥		Jan Naanak Bolae Chouthhee Laavai Har Paaeiaa Prabh Avinaasee ||4||2||	Servant Nanak proclaims that, in this, the fourth round of the marriage ceremony, we have found the Eternal Lord God. ||4||2||	ਦਾਸ ਨਾਨਕ ਆਖਦਾ ਹੈ-ਪ੍ਰਭੂ-ਪਤੀ ਨਾਲ ਜੀਵ-ਇਸਤ੍ਰੀ ਦੇ ਵਿਆਹ ਦੀ ਚੌਥੀ ਲਾਂਵ ਸਮੇ ਜੀਵ-ਇਸਤ੍ਰੀ ਕਦੇ ਨਾਸ ਨਾਹ ਹੋਣ ਵਾਲੇ ਪ੍ਰਭੂ ਦਾ ਮਿਲਾਪ ਪ੍ਰਾਪਤ ਕਰ ਲੈਂਦੀ ਹੈ ॥੪॥੨॥
33125	774	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

33126	774	ਰਾਗੁ ਸੂਹੀ ਛੰਤ ਮਹਲਾ ੪ ਘਰੁ ੨॥		Raag Soohee Shhanth Mehalaa 4 Ghar 2 ||	Raag Soohee, Chhant, Fourth Mehl, Second House:	ਰਾਗ ਸੂਹੀ, ਘਰ ੨ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਛੰਤ' (ਛੰਦ)।
33127	774	ਗੁਰਮੁਖਿ ਹਰਿ ਗੁਣ ਗਾਏ॥		Guramukh Har Gun Gaaeae ||	The Gurmukhs sing the Glorious Praises of the Lord;	ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ,
33128	774	ਹਿਰਦੈ ਰਸਨ ਰਸਾਏ॥		Hiradhai Rasan Rasaaeae ||	In their hearts, and on their tongues, they enjoy and savor His taste.	(ਪਰਮਾਤਮਾ ਦੇ ਗੁਣ ਆਪਣੇ) ਹਿਰਦੇ ਵਿਚ (ਵਸਾਈ ਰਖਦਾ ਹੈ, ਆਪਣੀ) ਜੀਭ ਨਾਲ (ਗੁਣਾਂ ਦਾ) ਰਸ ਮਾਣਦਾ ਹੈ,
33129	774	ਹਰਿ ਰਸਨ ਰਸਾਏ ਮੇਰੇ ਪ੍ਰਭ ਭਾਏ ਮਿਲਿਆ ਸਹਜਿ ਸੁਭਾਏ॥		Har Rasan Rasaaeae Maerae Prabh Bhaaeae Miliaa Sehaj Subhaaeae ||	They enjoy and savor His taste, and are pleasing to my God, who meets them with natural ease.	(ਜਿਹੜਾ ਮਨੁੱਖ) ਹਰੀ (ਦੇ ਗੁਣਾਂ ਦਾ) ਰਸ (ਆਪਣੀ) ਜੀਭ ਨਾਲ ਮਾਣਦਾ ਰਹਿੰਦਾ ਹੈ, ਉਹ ਮਨੁੱਖ ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ, ਆਤਮਕ ਅਡੋਲਤਾ ਵਿਚ ਪ੍ਰੇਮ ਵਿਚ (ਉਸ ਟਿਕੇ ਹੋਏ ਨੂੰ) ਪਰਮਾਤਮਾ ਮਿਲ ਪੈਂਦਾ ਹੈ।
33130	774	ਅਨ ਦਿਨੁ ਭੋਗ ਭੋਗੇ ਸੁਖਿ ਸੋਵੈ ਸਬਦਿ ਰਹੈ ਲਿਵ ਲਾਏ॥		Anadhin Bhog Bhogae Sukh Sovai Sabadh Rehai Liv Laaeae ||	Night and day, they enjoy enjoyments, and they sleep in peace; they remain lovingly absorbed in the Word of the Shabad.	ਉਹ ਮਨੁੱਖ ਹਰ ਵੇਲੇ (ਸਿਫ਼ਤਿ-ਸਾਲਾਹ ਦਾ) ਅਨੰਦ ਮਾਣਦਾ ਹੈ, ਆਨੰਦ ਵਿਚ ਲੀਨ ਰਹਿੰਦਾ ਹੈ, (ਗੁਰੂ ਦੇ) ਸ਼ਬਦ ਦੀ ਰਾਹੀਂ (ਉਹ ਮਨੁੱਖ ਪ੍ਰਭੂ ਵਿਚ) ਸੁਰਤ ਜੋੜੀ ਰੱਖਦਾ ਹੈ।

33131	774	ਵਡੈਭਾਗਿ ਗੁਰੁ ਪੂਰਾ ਪਾਈਐ ਅਨ ਦਿਨੁ ਨਾਮੁ ਧਿਆਏ॥		Vaddai Bhaag Gur Pooraa Paaeeai Anadhin Naam Dhhiaaeae ||	By great good fortune, one obtains the Perfect Guru; night and day, meditate on the Naam, the Name of the Lord.	ਪਰ, ਹੇ ਭਾਈ! ਪੂਰਾ ਗੁਰੂ ਮਿਲਦਾ ਹੈ ਵੱਡੀ ਕਿਸਮਤ ਨਾਲ, (ਜਿਸ ਨੂੰ ਮਿਲਦਾ ਹੈ, ਉਹ) ਹਰ ਵੇਲੇ ਹਰਿ-ਨਾਮ ਸਿਮਰਦਾ ਰਹਿੰਦਾ ਹੈ।
33132	774	ਸਹਜੇ ਸਹਜਿ ਮਿਲਿਆ ਜਗਜੀਵਨੁ ਨਾਨਕ ਸੁੰਨਿ ਸਮਾਏ॥੧॥	ਜੱਗਜੀਵਨੁ	Sehajae Sehaj Miliaa Jagajeevan Naanak Sunn Samaaeae ||1||	In absolute ease and poise, one meets the Life of the World. O Nanak, one is absorbed in the state of absolute absorption. ||1||	ਹੇ ਨਾਨਕ! ਉਹ ਮਨੁੱਖ ਹਰ ਵੇਲੇ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਜਗਤ ਦਾ ਸਹਾਰਾ ਪ੍ਰਭੂ ਉਸ ਨੂੰ ਮਿਲ ਪੈਂਦਾ ਹੈ, ਉਹ ਮਨੁੱਖ ਉਸ ਅਵਸਥਾ ਵਿਚ ਲੀਨ ਰਹਿੰਦਾ ਹੈ ਜਿੱਥੇ ਮਾਇਆ ਦਾ ਕੋਈ ਫੁਰਨਾ ਪੋਹ ਨਹੀਂ ਸਕਦਾ ॥੧॥
33133	774	ਸੰਗਤਿ ਸੰਤ ਮਿਲਾਏ॥		Sangath Santh Milaaeae ||	Joining the Society of the Saints,	ਹੇ ਭਾਈ! ਜਿਹੜਾ ਮਨੁੱਖ ਸੰਤ ਜਨਾਂ ਦੀ ਸੰਗਤਿ ਵਿਚ ਮਿਲਦਾ ਹੈ,
33134	774	ਹਰਿ ਸਰਿ ਨਿਰਮਲਿ ਨਾਏ॥	ਨ੍ਹਾਏ	Har Sar Niramal Naaeae ||	I bathe in the Immaculate Pool of the Lord.	ਉਹ ਪਰਮਾਤਮਾ ਦੇ ਪਵਿੱਤਰ ਨਾਮ-ਸਰੋਵਰ ਵਿਚ ਇਸ਼ਨਾਨ ਕਰਦਾ ਹੈ।
33135	774	ਨਿਰਮਲਿ ਜਲਿ ਨਾਏ ਮੈਲੁ ਗਵਾਏ ਭਏ ਪਵਿਤੁ ਸਰੀਰਾ॥		Niramal Jal Naaeae Mail Gavaaeae Bheae Pavith Sareeraa ||	Bathing in these Immaculate Waters, my filth is removed, and my body is purified and sanctified.	ਉਹ ਮਨੁੱਖ ਪ੍ਰਭੂ ਦੇ ਪਵਿੱਤਰ ਨਾਮ-ਜਲ ਵਿਚ ਇਸ਼ਨਾਨ ਕਰਦਾ ਹੈ, ਉਸ ਦਾ ਸਰੀਰ ਪਵਿੱਤਰ ਹੋ ਜਾਂਦਾ ਹੈ।

33136	774	ਦੁਰਮਤਿ ਮੈਲੁ ਗਈ ਭ੍ਰਮੁ ਭਾਗਾ ਹਉਮੈ ਬਿਨਠੀ ਪੀਰਾ॥		Dhuramath Mail Gee Bhram Bhaagaa Houmai Binathee Peeraa ||	The filth of intellectual evil-mindedness is removed, doubt is gone, and the pain of egotism is dispelled.	(ਨਾਮ-ਜਲ ਉਸ ਦੇ ਅੰਦਰੋਂ ਵਿਕਾਰਾਂ ਦੀ) ਮੈਲ ਦੂਰ ਕਰ ਦੇਂਦਾ ਹੈ। (ਨਾਮ-ਜਲ ਦੀ ਬਰਕਤਿ ਨਾਲ ਉਸ ਦੇ ਅੰਦਰੋਂ) ਖੋਟੀ ਮਤਿ ਦੀ ਮੈਲ ਧੁਪ ਜਾਂਦੀ ਹੈ, ਭਟਕਣਾ ਦੂਰ ਹੋ ਜਾਂਦੀ ਹੈ, ਹਉਮੈ ਦੀ ਪੀੜ ਨਾਸ ਹੋ ਜਾਂਦੀ ਹੈ।
33137	774	ਨਦਰਿ ਪ੍ਰਭੂ ਸਤਸੰਗਤਿ ਪਾਈ ਨਿਜ ਘਰਿ ਹੋਆ ਵਾਸਾ॥		Nadhar Prabhoo Sathasangath Paaee Nij Ghar Hoaa Vaasaa ||	By God's Grace, I found the Sat Sangat, the True Congregation. I dwell in the home of my own inner being.	ਪਰ, ਹੇ ਭਾਈ! ਪਰਮਾਤਮਾ ਦੀ ਮਿਹਰ ਦੀ ਨਿਗਾਹ ਨਾਲ ਹੀ ਸਾਧ ਸੰਗਤਿ ਮਿਲਦੀ ਹੈ, (ਜਿਸ ਨੂੰ ਮਿਲਦੀ ਹੈ, ਉਸ ਦਾ) ਟਿਕਾਣਾ ਪ੍ਰਭੂ-ਚਰਨਾਂ ਵਿਚ ਹੋਇਆ ਰਹਿੰਦਾ ਹੈ।
33138	775	ਹਰਿ ਮੰਗਲ ਰਸਿ ਰਸਨ ਰਸਾਏ ਨਾਨਕ ਨਾਮੁ ਪ੍ਰਗਾਸਾ॥੨॥		Har Mangal Ras Rasan Rasaaeae Naanak Naam Pragaasaa ||2||	My tongue tastes the taste of the Lord's joyous song; O Nanak, the Naam shines forth brightly. ||2||	ਹੇ ਨਾਨਕ! ਉਹ ਮਨੁੱਖ ਸੁਆਦ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤਾਂ ਦਾ ਰਸ ਆਪਣੀ ਜੀਭ ਨਾਲ ਮਾਣਦਾ ਹੈ, (ਉਸ ਦੇ ਅੰਦਰ ਪਰਮਾਤਮਾ ਦਾ) ਨਾਮ (ਆਤਮਕ ਜੀਵਨ ਦਾ) ਚਾਨਣ ਪੈਦਾ ਕਰ ਦੇਂਦਾ ਹੈ ॥੨॥
33139	775	ਅੰਤਰਿ ਰਤਨੁ ਬੀਚਾਰੇ॥		Anthar Rathan Beechaarae ||	The Gurmukh loves the Name of the Lord;	ਹੇ ਭਾਈ! ਜਿਹੜਾ ਮਨੁੱਖ ਆਪਣੇ ਅੰਦਰ ਪ੍ਰਭੂ ਦੀ ਅਮੋਲਕ ਸਿਫ਼ਤਿ-ਸਾਲਾਹ ਨੂੰ ਪ੍ਰੋ ਰੱਖਦਾ ਹੈ,

33140	775	ਗੁਰਮੁਖਿ ਨਾਮੁ ਪਿਆਰੇ॥		Guramukh Naam Piaarae ||	Deep within, she contemplates the jewel of the Naam.	ਗੁਰੂ ਦੇ ਸਨਮੁਖ ਰਹਿ ਕੇ ਪਰਮਾਤਮਾ ਦੇ ਨਾਮ ਨੂੰ ਪਿਆਰਦਾ ਹੈ,
33141	775	ਹਰਿ ਨਾਮੁ ਪਿਆਰੇ ਸਬਦਿ ਨਿਸਤਾਰੇ ਅਗਿਆਨੁ ਅਧੇਰੁ ਗਵਾਇਆ॥		Har Naam Piaarae Sabadh Nisathaarae Agiaan Adhhaer Gavaaeiaa ||	Those who love the Lord's Name are emancipated through the Word of the Shabad. The darkness of ignorance is dispelled.	ਹਰਿ-ਨਾਮ ਨਾਲ ਪਿਆਰ ਪਾਈ ਰੱਖਦਾ ਹੈ, (ਗੁਰੂ ਆਪਣੇ) ਸ਼ਬਦ ਦੀ ਰਾਹੀਂ (ਉਸ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦੇਂਦਾ ਹੈ, (ਉਸ ਦੇ ਅੰਦਰੋਂ) ਆਤਮਕ ਜੀਵਨ ਵਲੋਂ ਬੇ-ਸਮਝੀ (ਦਾ) ਹਨੇਰਾ ਦੂਰ ਕਰ ਦੇਂਦਾ ਹੈ।
33142	775	ਗਿਆਨੁ ਪ੍ਰਚੰਡੁ ਬਲਿਆ ਘਟਿ ਚਾਨਣੁ ਘਰ ਮੰਦਰ ਸੋਹਾਇਆ॥		Giaan Prachandd Baliaa Ghatt Chaanan Ghar Mandhar Sohaaeiaa ||	Spiritual wisdom burns brilliantly, illuminating the heart; their homes and temples are embellished and blessed.	(ਉਸ ਮਨੁੱਖ ਦੇ) ਹਿਰਦੇ ਵਿਚ ਆਤਮਕ ਜੀਵਨ ਦੀ ਸੂਝ ਵਾਲਾ ਤੇਜ਼ ਚਾਨਣ ਮਘ ਪੈਂਦਾ ਹੈ, ਉਸ ਦੇ ਸਾਰੇ ਗਿਆਨ-ਇੰਦ੍ਰੇ ਸੋਹਣੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ।
33143	775	ਤਨੁ ਮਨੁ ਅਰਪਿ ਸੀਗਾਰ ਬਣਾਏ ਹਰਿ ਪ੍ਰਭ ਸਾਚੇ ਭਾਇਆ॥		Than Man Arap Seegaar Banaaeae Har Prabh Saachae Bhaaeiaa ||	I have made my body and mind into adornments, and dedicated them to the True Lord God, pleasing Him.	(ਉਹ ਮਨੁੱਖ ਆਪਣਾ) ਸਰੀਰ ਭੇਟ ਕਰ ਕੇ, (ਆਪਣਾ) ਮਨ ਭੇਟ ਕਰ ਕੇ ਆਤਮਕ ਜੀਵਨ ਦਾ ਸੁਹਜ ਪੈਦਾ ਕਰ ਲੈਂਦਾ ਹੈ, ਉਹ ਸਦਾ-ਥਿਰ ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ।

33144	775	ਜੋ ਪ੍ਰਭੁ ਕਹੈ ਸੋਈ ਪਰੁ ਕੀਜੈ ਨਾਨਕ ਅੰਕਿ ਸਮਾਇਆ॥੩॥		Jo Prabh Kehai Soee Par Keejai Naanak Ank Samaaeiaa ||3||	Whatever God says, I gladly do. O Nanak, I have merged into the fiber of His Being. ||3||	ਹੇ ਨਾਨਕ! (ਉਹ ਮਨੁੱਖ ਸਦਾ ਪ੍ਰਭੂ ਦੀ) ਗੋਦ ਵਿਚ ਲੀਨ ਰਹਿੰਦਾ ਹੈ (ਉਸ ਦੀ ਇਹ ਸਰਧਾ ਬਣੀ ਰਹਿੰਦੀ ਹੈ ਕਿ) ਜੋ ਕੁਝ ਪ੍ਰਭੂ ਹੁਕਮ ਕਰਦਾ ਹੈ, ਉਹੀ ਧਿਆਨ ਨਾਲ ਕਰਨਾ ਚਾਹੀਦਾ ਹੈ (ਪ੍ਰਭੂ ਦੀ ਰਜ਼ਾ ਵਿਚ ਪੂਰਨ ਤੌਰ ਤੇ ਰਾਜ਼ੀ ਰਹਿਣਾ ਚਾਹੀਦਾ ਹੈ) ॥੩॥
33145	775	ਹਰਿ ਪ੍ਰਭਿ ਕਾਜੁ ਰਚਾਇਆ॥		Har Prabh Kaaj Rachaaeiaa ||	The Lord God has arranged the marriage ceremony;	ਹੇ ਭਾਈ! ਹਰੀ ਪ੍ਰਭੂ ਨੇ (ਜਿਸ ਜੀਵ-ਇਸਤ੍ਰੀ ਦੇ ਵਿਆਹ ਦਾ) ਕੰਮ ਰਚ ਦਿੱਤਾ,
33146	775	ਗੁਰਮੁਖਿ ਵੀਆਹਣਿ ਆਇਆ॥		Guramukh Veeaahan Aaeiaa ||	He has come to marry the Gurmukh.	ਉਸ ਨੂੰ ਉਹ ਗੁਰੂ ਦੀ ਰਾਹੀਂ ਵਿਆਹੁਣ ਲਈ ਆ ਪਹੁੰਚਿਆ (ਜਿਹੜੀ ਜੀਵ-ਇਸਤ੍ਰੀ ਨੂੰ ਪਰਮਾਤਮਾ ਆਪਣੇ ਚਰਨਾਂ ਵਿਚ ਜੋੜਨਾ ਚਾਹੁੰਦਾ ਹੈ, ਉਸ ਨੂੰ ਗੁਰੂ ਦੀ ਸਰਨ ਵਿਚ ਟਿਕਾਂਦਾ ਹੈ)।
33147	775	ਵੀਆਹਣਿ ਆਇਆ ਗੁਰਮੁਖਿ ਹਰਿ ਪਾਇਆ ਸਾ ਧਨ ਕੰਤ ਪਿਆਰੀ॥		Veeaahan Aaeiaa Guramukh Har Paaeiaa Saa Dhhan Kanth Piaaree ||	He has come to marry the Gurmukh, who has found the Lord. That bride is very dear to her Lord.	ਹੇ ਭਾਈ! (ਜਿਸ ਜੀਵ-ਇਸਤ੍ਰੀ ਨੂੰ) ਪ੍ਰਭੂ ਆਪਣੇ ਨਾਲ ਜੋੜਨ ਦੀ ਮਿਹਰ ਕਰਦਾ ਹੈ, ਉਸ ਨੂੰ ਗੁਰੂ ਦੀ ਰਾਹੀਂ ਮਿਲ ਪੈਂਦਾ ਹੈ, ਉਹ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਪਿਆਰੀ ਲੱਗਣ ਲੱਗ ਪੈਂਦੀ ਹੈ।

33148	775	ਸੰਤ ਜਨਾ ਮਿਲਿ ਮੰਗਲ ਗਾਏ ਹਰਿ ਜੀਉ ਆਪਿ ਸਵਾਰੀ॥		Santh Janaa Mil Mangal Gaaeae Har Jeeo Aap Savaaree ||	The humble Saints join together and sing the songs of joy; the Dear Lord Himself has adorned the soul-bride.	ਉਹ ਜੀਵ-ਇਸਤ੍ਰੀ ਸੰਤ ਜਨਾਂ ਨਾਲ ਮਿਲ ਕੇ ਪ੍ਰਭੂ-ਪਤੀ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੀ ਹੈ, ਪ੍ਰਭੂ ਆਪ ਉਸ ਦਾ ਜੀਵਨ ਸੋਹਣਾ ਬਣਾ ਦੇਂਦਾ ਹੈ।
33149	775	ਸੁਰਿ ਨਰ ਗਣ ਗੰਧਰਬ ਮਿਲਿ ਆਏ ਅਪੂਰਬ ਜੰਞ ਬਣਾਈ॥	(ਅ-ਪੂਰਬ)ਅਸਚਰਜ। ਗੰ-ਧਰਬ	Sur Nar Gan Gandhharab Mil Aaeae Apoorab Jannj Banaaee ||	The angels and mortal beings, the heavenly heralds and celestial singers, have come together and formed a wondrous wedding party.	(ਜਿਵੇਂ ਵਿਆਹ ਦੇ ਸਮੇ ਜਾਂਞੀ ਰਲ ਕੇ ਆਉਂਦੇ ਹਨ, ਤਿਵੇਂ ਉਸ ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਨਾਲ ਮਿਲਾਣ ਵਾਸਤੇ) ਦੈਵੀ ਗੁਣਾਂ ਵਾਲੇ ਸੰਤ ਜਨ, ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨ ਵਾਲੇ ਭਗਤ-ਜਨ ਮਿਲ ਕੇ ਆਉਂਦੇ ਹਨ (ਉਸ ਜੀਵ-ਇਸਤ੍ਰੀ ਦਾ ਪ੍ਰਭੂ-ਪਤੀ ਨਾਲ ਵਿਆਹ ਕਰਨ ਲਈ) ਇਕ ਅਦੁਤੀ ਜੰਞ ਬਣਾਂਦੇ ਹਨ।
33150	775	ਨਾਨਕ ਪ੍ਰਭੁ ਪਾਇਆ ਮੈ ਸਾਚਾ ਨਾ ਕਦੇ ਮਰੈ ਨ ਜਾਈ॥੪॥੧॥੩॥		Naanak Prabh Paaeiaa Mai Saachaa Naa Kadhae Marai N Jaaee ||4||1||3||	O Nanak, I have found my True Lord God, who never dies, and is not born. ||4||1||3||	ਹੇ ਨਾਨਕ (ਸਤ ਸੰਗੀਆਂ ਦੀ ਉਸ ਜੰਞ ਦੀ ਬਰਕਤਿ ਨਾਲ, ਭਾਵ, ਉਸ ਸਤਸੰਗ ਦੀ ਕਿਰਪਾ ਨਾਲ ਉਸ ਜੀਵ-ਇਸਤ੍ਰੀ ਨੂੰ) ਉਹ ਪਿਆਰਾ ਪ੍ਰਭੂ ਮਿਲ ਪੈਂਦਾ ਹੈ, ਜੋ ਸਦਾ ਕਾਇਮ ਰਹਿਣ ਵਾਲਾ ਹੈ, ਜੋ ਕਦੇ ਜੰਮਦਾ ਮਰਦਾ ਨਹੀਂ ॥੪॥੧॥੩॥

33151	775	ਰਾਗੁ ਸੂਹੀ ਛੰਤ ਮਹਲਾ ੪ ਘਰੁ ੩		Raag Soohee Shhanth Mehalaa 4 Ghar 3	Raag Soohee, Chhant, Fourth Mehl, Third House:	ਰਾਗ ਸੂਹੀ, ਘਰ ੩ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਛੰਤ' (ਛੰਦ)।
33152	775	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
33153	775	ਆਵਹੋ ਸੰਤ ਜਨਹੁ ਗੁਣ ਗਾਵਹ ਗੋਵਿੰਦ ਕੇਰੇ ਰਾਮ॥		Aaveho Santh Janahu Gun Gaaveh Govindh Kaerae Raam ||	Come, humble Saints, and sing the Glorious Praises of the Lord of the Universe.	ਹੇ ਸੰਤ ਜਨੋ! ਆਓ, (ਸਾਧ ਸੰਗਤਿ ਵਿਚ ਮਿਲ ਕੇ) ਪਰਮਾਤਮਾ ਦੇ ਗੁਣ ਗਾਂਦੇ ਰਹੀਏ।
33154	775	ਗੁਰਮੁਖਿ ਮਿਲਿ ਰਹੀਐ ਘਰਿ ਵਾਜਹਿ ਸਬਦ ਘਨੇਰੇ ਰਾਮ॥		Guramukh Mil Reheeai Ghar Vaajehi Sabadh Ghanaerae Raam ||	Let us gather together as Gurmukh; within the home of our own heart, the Shabad vibrates and resonates.	(ਹੇ ਸੰਤ ਜਨੋ!) ਗੁਰੂ ਦੀ ਸਰਨ ਪੈ ਕੇ (ਪ੍ਰਭੂ-ਚਰਨਾਂ ਵਿਚ) ਜੁੜੇ ਰਹਿਣਾ ਚਾਹੀਦਾ ਹੈ (ਪ੍ਰਭੂ-ਚਰਨਾਂ ਵਿਚ ਜੁੜਨ ਦੀ ਬਰਕਤ ਨਾਲ) ਹਿਰਦੇ-ਘਰ ਵਿਚ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਆਪਣਾ ਪ੍ਰਭਾਵ ਪਾਈ ਰੱਖਦੇ ਹਨ।
33155	775	ਸਬਦ ਘਨੇਰੇ ਹਰਿ ਪ੍ਰਭ ਨੇਰੇ ਤੂ ਕਰਤਾ ਸਭ ਥਾਈ॥	ਥਾਂਈਂ	Sabadh Ghanaerae Har Prabh Thaerae Thoo Karathaa Sabh Thhaaee ||	The many melodies of the Shabad are Yours, O Lord God; O Creator Lord, You are everywhere.	ਹੇ ਪ੍ਰਭੂ! (ਜਿਉਂ ਜਿਉਂ) ਤੇਰੀ ਸਿਫ਼ਤਿ-ਸਾਲਾਹ ਦੇ ਸ਼ਬਦ (ਮਨੁੱਖ ਦੇ ਹਿਰਦੇ ਵਿਚ) ਪ੍ਰਭਾਵ ਪਾਂਦੇ ਹਨ, (ਤਿਉਂ ਤਿਉਂ ਤੂੰ) ਉਸ ਨੂੰ ਸਭ ਥਾਈਂ ਵੱਸਦਾ ਦਿੱਸਦਾ ਹੈਂ।

33156	775	ਅਹਿ ਨਿਸਿ ਜਪੀ ਸਦਾ ਸਾਲਾਹੀ ਸਾਚ ਸਬਦਿ ਲਿਵ ਲਾਈ॥		Ahinis Japee Sadhaa Saalaahee Saach Sabadh Liv Laaee ||	Day and night, I chant His Praises forever, lovingly focusing on the True Word of the Shabad.	(ਹੇ ਪ੍ਰਭੂ! ਮੇਰੇ ਉੱਤੇ ਭੀ ਮਿਹਰ ਕਰ) ਮੈਂ ਦਿਨ ਰਾਤ ਤੇਰਾ ਨਾਮ ਜਪਦਾ ਰਹਾਂ, ਮੈਂ ਸਦਾ ਤੇਰੀ ਸਿਫ਼ਤਿ-ਸਾਲਾਹ ਕਰਦਾ ਰਹਾਂ, ਮੈਂ ਤੇਰੀ ਸਦਾ-ਥਿਰ ਸਿਫ਼ਤਿ-ਸਾਲਾਹ ਵਿਚ ਸੁਰਤ ਜੋੜੀ ਰੱਖਾਂ।
33157	775	ਅਨ ਦਿਨੁ ਸਹਜਿ ਰਹੈ ਰੰਗਿ ਰਾਤਾ ਰਾਮ ਨਾਮੁ ਰਿਦ ਪੂਜਾ॥	ਪੂਜਾ:ਪੋਲਾ ਬੋਲੋ	Anadhin Sehaj Rehai Rang Raathaa Raam Naam Ridh Poojaa ||	Night and day, I remain intuitively attuned to the Lord's Love; in my heart, I worship the Lord's Name.	ਜਿਹੜਾ ਮਨੁੱਖ ਪਰਮਾਤਮਾ ਦੇ ਨਾਮ ਨੂੰ ਆਪਣੇ ਹਿਰਦੇ ਦੀ ਪੂਜਾ ਬਣਾਂਦਾ ਹੈ (ਭਾਵ, ਹਰ ਵੇਲੇ ਹਿਰਦੇ ਵਿਚ ਵਸਾਈ ਰੱਖਦਾ ਹੈ) ਉਹ ਮਨੁੱਖ ਹਰ ਵੇਲੇ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਉਹ ਮਨੁੱਖ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ।
33158	775	ਨਾਨਕ ਗੁਰਮੁਖਿ ਏਕੁ ਪਛਾਣੈ ਅਵਰੁ ਨ ਜਾਣੈ ਦੂਜਾ॥੧॥		Naanak Guramukh Eaek Pashhaanai Avar N Jaanai Dhoojaa ||1||	O Nanak, as Gurmukh, I have realized the One Lord; I do not know any other. ||1||	ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਉਹ ਇਕ ਪ੍ਰਭੂ ਨਾਲ ਹੀ ਸਾਂਝ ਪਾਈ ਰੱਖਦਾ ਹੈ, ਕਿਸੇ ਹੋਰ ਦੂਜੇ ਨਾਲ ਡੂੰਘੀ ਸਾਂਝ ਨਹੀਂ ਪਾਂਦਾ ॥੧॥
33159	775	ਸਭ ਮਹਿ ਰਵਿ ਰਹਿਆ ਸੋ ਪ੍ਰਭੁ ਅੰਤਰਜਾਮੀ ਰਾਮ॥		Sabh Mehi Rav Rehiaa So Prabh Antharajaamee Raam ||	He is contained amongst all; He is God, the Inner-knower, the Searcher of hearts.	ਹੇ ਭਾਈ! ਉਹ ਪਰਮਾਤਮਾ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ, ਅਤੇ ਸਭ ਜੀਵਾਂ ਵਿਚ ਵਿਆਪਕ ਹੈ।

33160	775	ਗੁਰ ਸਬਦਿ ਰਵੈ ਰਵਿ ਰਹਿਆ ਸੋ ਪ੍ਰਭੁ ਮੇਰਾ ਸੁਆਮੀ ਰਾਮ॥		Gur Sabadh Ravai Rav Rehiaa So Prabh Maeraa Suaamee Raam ||	One who meditates and dwells upon God, through the Word of the Guru's Shabad, knows that God, my Lord and Master, is pervading everywhere.	(ਪਰ ਜਿਹੜਾ ਮਨੁੱਖ) ਗੁਰੂ ਦੇ ਸ਼ਬਦ ਦੀ ਰਾਹੀਂ (ਉਸ ਨੂੰ) ਸਿਮਰਦਾ ਹੈ, ਉਸ ਨੂੰ ਹੀ ਉਹ ਮਾਲਕ-ਪ੍ਰਭੂ (ਸਭ ਥਾਈਂ) ਵਿਆਪਕ ਦਿੱਸਦਾ ਹੈ।
33161	775	ਪ੍ਰਭੁ ਮੇਰਾ ਸੁਆਮੀ ਅੰਤਰਜਾਮੀ ਘਟਿ ਘਟਿ ਰਵਿਆ ਸੋਈ॥		Prabh Maeraa Suaamee Antharajaamee Ghatt Ghatt Raviaa Soee ||	God, my Lord and Master, is the Inner-knower, the Searcher of hearts; He pervades and permeates each and every heart.	(ਉਸ ਮਨੁੱਖ ਨੂੰ ਹੀ ਇਹ ਨਿਸ਼ਚਾ ਬਣਦਾ ਹੈ ਕਿ) ਮਾਲਕ-ਪ੍ਰਭੂ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ, ਅਤੇ ਹਰੇਕ ਸਰੀਰ ਵਿਚ ਮੌਜੂਦ ਹੈ।
33162	775	ਗੁਰਮਤਿ ਸਚੁ ਪਾਈਐ ਸਹਜਿ ਸਮਾਈਐ ਤਿਸੁ ਬਿਨੁ ਅਵਰੁ ਨ ਕੋਈ॥		Guramath Sach Paaeeai Sehaj Samaaeeai This Bin Avar N Koee ||	Through the Guru's Teachings, Truth is obtained, and then, one merges in celestial bliss. There is no other than Him.	ਹੇ ਭਾਈ! ਗੁਰੂ ਦੀ ਮਤਿ ਉਤੇ ਤੁਰਿਆਂ ਸਦਾ-ਥਿਰ ਪ੍ਰਭੂ ਮਿਲ ਪੈਂਦਾ ਹੈ, (ਗੁਰੂ ਦੀ ਮਤਿ ਦੀ ਬਰਕਤਿ ਨਾਲ) ਆਤਮਕ ਅਡੋਲਤਾ ਵਿਚ ਲੀਨ ਰਹਿ ਸਕੀਦਾ ਹੈ (ਅਤੇ ਇਹ ਨਿਸ਼ਚਾ ਬਣਦਾ ਹੈ ਕਿ ਕਿਤੇ ਭੀ) ਉਸ ਪਰਮਾਤਮਾ ਤੋਂ ਬਿਨਾ ਹੋਰ ਕੋਈ ਨਹੀਂ।

33163	775	ਸਹਜੇ ਗੁਣ ਗਾਵਾ ਜੇ ਪ੍ਰਭ ਭਾਵਾ ਆਪੇ ਲਏ ਮਿਲਾਏ॥		Sehajae Gun Gaavaa Jae Prabh Bhaavaa Aapae Leae Milaaeae ||	I sing His Praises with intuitive ease. If it pleases God, He shall unite me with Himself.	ਹੇ ਭਾਈ! (ਪ੍ਰਭੂ ਦੀ ਆਪਣੀ ਹੀ ਮਿਹਰ ਨਾਲ) ਜੇ ਮੈਂ ਉਸ ਪ੍ਰਭੂ ਨੂੰ ਚੰਗਾ ਲੱਗ ਪਵਾਂ, ਤਾਂ ਆਤਮਕ ਅਡੋਲਤਾ ਵਿਚ ਟਿਕ ਕੇ ਮੈਂ ਉਸ ਦੇ ਗੁਣ ਗਾ ਸਕਦਾ ਹਾਂ, ਉਹ ਆਪ ਹੀ (ਜੀਵ ਨੂੰ ਆਪਣੇ ਨਾਲ) ਮਿਲਾਂਦਾ ਹੈ।
33164	775	ਨਾਨਕ ਸੋ ਪ੍ਰਭੁ ਸਬਦੇ ਜਾਪੈ ਅਹਿ ਨਿਸਿ ਨਾਮੁ ਧਿਆਏ॥੨॥		Naanak So Prabh Sabadhae Jaapai Ahinis Naam Dhhiaaeae ||2||	O Nanak, through the Shabad, God is known; meditate on the Naam, day and night. ||2||	ਹੇ ਨਾਨਕ! ਗੁਰੂ ਦੇ ਸ਼ਬਦ ਦੀ ਰਾਹੀਂ ਹੀ ਉਸ ਪ੍ਰਭੂ ਨਾਲ ਡੂੰਘੀ ਸਾਂਝ ਪੈ ਸਕਦੀ ਹੈ (ਜਿਹੜਾ ਮਨੁੱਖ ਸ਼ਬਦ ਵਿਚ) ਜੁੜਦਾ ਹੈ, (ਉਹ) ਦਿਨ ਰਾਤ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ ॥੨॥
33165	775	ਇਹੁ ਜਗੋ ਦੁਤਰੁ ਮਨਮੁਖੁ ਪਾਰਿ ਨ ਪਾਈ ਰਾਮ॥	ਦੁੱਤ-ਰੁ	Eihu Jago Dhuthar Manamukh Paar N Paaee Raam ||	This world is treacherous and impassable; the self-willed manmukh cannot cross over.	ਹੇ ਭਾਈ! ਇਹ ਜਗਤ (ਇਕ ਅਜਿਹਾ ਸਮੁੰਦਰ ਹੈ, ਜਿਸ ਤੋਂ) ਪਾਰ ਲੰਘਣਾ ਔਖਾ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਇਸ ਦੇ) ਪਾਰਲੇ ਪਾਸੇ ਨਹੀਂ ਪਹੁੰਚ ਸਕਦਾ,
33166	775	ਅੰਤਰੇ ਹਉਮੈ ਮਮਤਾ ਕਾਮੁ ਕ੍ਰੋਧੁ ਚਤੁਰਾਈ ਰਾਮ॥		Antharae Houmai Mamathaa Kaam Krodhh Chathuraaee Raam ||	Within him is egotism, self-conceit, sexual desire, anger and cleverness.	(ਕਿਉਂਕਿ ਉਸ ਦੇ) ਅੰਦਰ ਹੀ ਅਹੰਕਾਰ, ਅਸਲੀਅਤ ਦੀ ਲਾਲਸਾ, ਕਾਮ, ਕ੍ਰੋਧ, ਚਤੁਰਾਈ (ਆਦਿਕ ਭੈੜ) ਟਿਕੇ ਰਹਿੰਦੇ ਹਨ।

33167	775	ਅੰਤਰਿ ਚਤੁਰਾਈ ਥਾਇ ਨ ਪਾਈ ਬਿਰਥਾ ਜਨਮੁ ਗਵਾਇਆ॥		Anthar Chathuraaee Thhaae N Paaee Birathhaa Janam Gavaaeiaa ||	Within him is cleverness; he is not approved, and his life is uselessly wasted and lost.	ਹੇ ਭਾਈ! (ਜਿਸ ਮਨੁੱਖ ਦੇ) ਅੰਦਰ ਆਪਣੀ ਸਿਆਣਪ ਦਾ ਮਾਣ ਟਿਕਿਆ ਰਹਿੰਦਾ ਹੈ ਉਹ ਮਨੁੱਖ (ਪ੍ਰਭੂ-ਦਰ ਤੇ) ਪਰਵਾਨ ਨਹੀਂ ਹੁੰਦਾ, ਉਹ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਲੈਂਦਾ ਹੈ।
33168	775	ਜਮ ਮਗਿ ਦੁਖੁ ਪਾਵੈ ਚੋਟਾ ਖਾਵੈ ਅੰਤਿ ਗਇਆ ਪਛੁਤਾਇਆ॥		Jam Mag Dhukh Paavai Chottaa Khaavai Anth Gaeiaa Pashhuthaaeiaa ||	On the Path of Death, he suffers in pain, and must endure abuse; in the end, he departs regretfully.	(ਉਹ ਮਨੁੱਖ ਸਾਰੀ ਉਮਰ) ਜਮਰਾਜ ਦੇ ਰਸਤੇ ਉਤੇ ਤੁਰਦਾ ਹੈ, ਦੁੱਖ ਸਹਾਰਦਾ ਹੈ, (ਆਤਮਕ ਮੌਤ ਦੀਆਂ) ਚੋਟਾਂ ਖਾਂਦਾ ਰਹਿੰਦਾ ਹੈ, ਅੰਤ ਵੇਲੇ ਇਥੋਂ ਹੱਥ ਮਲਦਾ ਜਾਂਦਾ ਹੈ।
33169	775	ਬਿਨੁ ਨਾਵੈ ਕੋ ਬੇਲੀ ਨਾਹੀ ਪੁਤੁ ਕੁਟੰਬੁ ਸੁਤੁ ਭਾਈ॥		Bin Naavai Ko Baelee Naahee Puth Kuttanb Suth Bhaaee ||	Without the Name, he has no friends, no children, family or relatives.	ਹੇ ਭਾਈ! (ਜੀਵਨ-ਸਫ਼ਰ ਵਿਚ ਇੱਥੇ) ਪੁੱਤਰ, ਪਰਵਾਰ, ਭਰਾ- ਇਹਨਾਂ ਵਿਚੋਂ ਕੋਈ ਭੀ ਮਦਦਗਾਰ ਨਹੀਂ, ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਬੇਲੀ ਨਹੀਂ ਬਣਦਾ।
33170	775	ਨਾਨਕ ਮਾਇਆ ਮੋਹੁ ਪਸਾਰਾ ਆਗੈ ਸਾਥਿ ਨ ਜਾਈ॥੩॥		Naanak Maaeiaa Mohu Pasaaraa Aagai Saathh N Jaaee ||3||	O Nanak, the wealth of Maya, attachment and ostentatious shows - none of them shall go along with him to the world hereafter. ||3||	ਹੇ ਨਾਨਕ! ਇਹ ਸਾਰਾ ਮਾਇਆ ਦੇ ਮੋਹ ਦਾ (ਹੀ) ਖਿਲਾਰਾ ਹੈ, ਪਰਲੋਕ ਵਿਚ (ਭੀ ਮਨੁੱਖ ਦੇ) ਨਾਲ ਨਹੀਂ ਜਾਂਦਾ ॥੩॥

33171	775	ਹਉ ਪੂਛਉ ਅਪਨਾ ਸਤਿਗੁਰੁ ਦਾਤਾ ਕਿਨ ਬਿਧਿ ਦੁਤਰੁ ਤਰੀਐ ਰਾਮ॥	ਦੁੱਤ-ਰੁ	Ho Pooshho Apanaa Sathigur Dhaathaa Kin Bidhh Dhuthar Thareeai Raam ||	I ask my True Guru, the Giver, how to cross over the treacherous and difficult world-ocean.	ਹੇ ਭਾਈ! (ਜਦੋਂ) ਮੈਂ (ਨਾਮ ਦੀ) ਦਾਤ ਦੇਣ ਵਾਲੇ ਆਪਣੇ ਗੁਰੂ ਨੂੰ ਪੁੱਛਦਾ ਹਾਂ ਕਿ ਇਹ ਦੁੱਤਰ ਸੰਸਾਰ-ਸਮੁੰਦਰ ਕਿਸ ਤਰੀਕੇ ਨਾਲ ਲੰਘਿਆ ਜਾ ਸਕਦਾ ਹੈ?
33172	775	ਸਤਿਗੁਰ ਭਾਇ ਚਲਹੁ ਜੀਵਤਿਆ ਇਵ ਮਰੀਐ ਰਾਮ॥		Sathigur Bhaae Chalahu Jeevathiaa Eiv Mareeai Raam ||	Walk in harmony with the True Guru's Will, and remain dead while yet alive.	(ਤਾਂ ਅੱਗੋਂ ਉੱਤਰ ਮਿਲਦਾ ਹੈ ਕਿ) ਗੁਰੂ ਦੀ ਰਜ਼ਾ ਵਿਚ (ਜੀਵਨ-ਤੋਰ) ਤੁਰਦੇ ਰਹੋ, ਇਸ ਤਰ੍ਹਾਂ ਦੁਨੀਆ ਦੀ ਕਿਰਤ-ਕਾਰ ਕਰਦਿਆਂ ਹੀ ਵਿਕਾਰਾਂ ਵਲੋਂ ਬਚੇ ਰਹੀਦਾ ਹੈ।
33173	775	ਜੀਵਤਿਆ ਮਰੀਐ ਭਉਜਲੁ ਤਰੀਐ ਗੁਰਮੁਖਿ ਨਾਮਿ ਸਮਾਵੈ॥		Jeevathiaa Mareeai Bhoujal Thareeai Guramukh Naam Samaavai ||	Remaining dead while yet alive, cross over the terrifying world-ocean; as Gurmukh, merge in the Naam.	(ਗੁਰੂ ਦੀ ਰਜ਼ਾ ਵਿਚ ਤੁਰਿਆਂ) ਦੁਨੀਆ ਦੀ ਕਾਰ ਕਰਦਿਆਂ ਵਿਕਾਰਾਂ ਵਲੋਂ ਮਰੇ ਰਹੀਦਾ ਹੈ, ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ। (ਕਿਉਂਕਿ) ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ।
33174	776	ਪੂਰਾ ਪੁਰਖੁ ਪਾਇਆ ਵਡਭਾਗੀ ਸਚਿ ਨਾਮਿ ਲਿਵ ਲਾਵੈ॥		Pooraa Purakh Paaeiaa Vaddabhaagee Sach Naam Liv Laavai ||	One obtains the Perfect Primal Lord, by great good fortune, lovingly focusing on the True Name.	ਉਸ ਨੂੰ ਵੱਡੀ ਕਿਸਮਤ ਨਾਲ ਸਾਰੇ ਗੁਣਾਂ ਨਾਲ ਭਰਪੂਰ ਪ੍ਰਭੂ ਮਿਲ ਪੈਂਦਾ ਹੈ, ਸਦਾ-ਥਿਰ ਹਰਿ-ਨਾਮ ਵਿਚ ਉਹ ਸੁਰਤ ਜੋੜੀ ਰੱਖਦਾ ਹੈ।

33175	776	ਮਤਿ ਪਰਗਾਸੁ ਭਈ ਮਨੁ ਮਾਨਿਆ ਰਾਮ ਨਾਮਿ ਵਡਿਆਈ॥		Math Paragaas Bhee Man Maaniaa Raam Naam Vaddiaaee ||	The intellect is enlightened, and the mind is satisfied, through the glory of the Lord's Name.	ਉਸ ਦੀ ਮਤਿ ਵਿਚ ਆਤਮਕ ਜੀਵਨ ਦੀ ਸੂਝ ਦਾ ਚਾਨਣ ਹੋ ਜਾਂਦਾ ਹੈ, ਉਸ ਦਾ ਮਨ ਨਾਮ ਵਿਚ ਪਤੀਜ ਜਾਂਦਾ ਹੈ, ਉਸ ਨੂੰ ਨਾਮ ਦੀ ਬਰਕਤਿ ਨਾਲ (ਲੋਕ ਪਰਲੋਕ ਦੀ) ਇੱਜ਼ਤ ਮਿਲ ਜਾਂਦੀ ਹੈ।
33176	776	ਨਾਨਕ ਪ੍ਰਭੁ ਪਾਇਆ ਸਬਦਿ ਮਿਲਾਇਆ ਜੋਤੀ ਜੋਤਿ ਮਿਲਾਈ॥੪॥੧॥੪॥		Naanak Prabh Paaeiaa Sabadh Milaaeiaa Jothee Joth Milaaee ||4||1||4||	O Nanak, God is found, merging in the Shabad, and one's light blends into the Light. ||4||1||4||	ਹੇ ਨਾਨਕ! ਜਿਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ ਉਸ ਨੂੰ ਪ੍ਰਭੂ ਮਿਲ ਪੈਂਦਾ ਹੈ, ਉਸ ਦੀ ਜਿੰਦ ਪ੍ਰਭੂ ਦੀ ਜੋਤਿ ਵਿਚ ਇਕ-ਮਿਕ ਹੋਈ ਰਹਿੰਦੀ ਹੈ ॥੪॥੧॥੪॥
33177	776	ਸੂਹੀ ਮਹਲਾ ੪ ਘਰੁ ੫		Soohee Mehalaa 4 Ghar 5	Soohee, Fourth Mehl, Fifth House:	ਰਾਗ ਸੂਹੀ, ਘਰ ੫ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
33178	776	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

33179	776	ਗੁਰੁ ਸੰਤ ਜਨੋ ਪਿਆਰਾ ਮੈ ਮਿਲਿਆ ਮੇਰੀ ਤ੍ਰਿਸਨਾ ਬੁਝਿ ਗਈ ਆਸੇ॥	(੨. ਗਈਆਸੇ)	Gur Santh Jano Piaaraa Mai Miliaa Maeree Thrisanaa Bujh Geeaasae ||	O humble Saints, I have met my Beloved Guru; the fire of my desire is quenched, and my yearning is gone.	ਹੇ ਸੰਤ ਜਨੋ! ਮੈਨੂੰ ਪਿਆਰਾ ਗੁਰੂ ਮਿਲ ਪਿਆ ਹੈ (ਉਸ ਦੀ ਮਿਹਰ ਨਾਲ) ਮੇਰੀ (ਮਾਇਆ ਦੀ) ਤ੍ਰਿਸ਼ਨਾ ਮਿਟ ਗਈ ਹੈ।
33180	776	ਹਉ ਮਨੁ ਤਨੁ ਦੇਵਾ ਸਤਿਗੁਰੈ ਮੈ ਮੇਲੇ ਪ੍ਰਭ ਗੁਣਤਾਸੇ॥		Ho Man Than Dhaevaa Sathigurai Mai Maelae Prabh Gunathaasae ||	I dedicate my mind and body to the True Guru; I pray that may He unite me with God, the treasure of virtue.	(ਗੁਰੂ) ਮੈਨੂੰ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਨਾਲ ਮਿਲਾ ਰਿਹਾ ਹੈ, ਮੈਂ ਆਪਣਾ ਮਨ ਆਪਣਾ ਤਨ ਗੁਰੂ ਦੇ ਅੱਗੇ ਭੇਟ ਧਰਦਾ ਹਾਂ।
33181	776	ਧਨੁ ਧੰਨੁ ਗੁਰੂ ਵਡ ਪੁਰਖੁ ਹੈ ਮੈ ਦਸੇ ਹਰਿ ਸਾਬਾਸੇ॥	ਦੱਸੇ	Dhhan Dhhann Guroo Vadd Purakh Hai Mai Dhasae Har Saabaasae ||	Blessed, blessed is the Guru, the Supreme Being, who tells me of the most blessed Lord.	ਹੇ ਭਾਈ! ਗੁਰੂ ਸਲਾਹੁਣ-ਜੋਗ ਹੈ, ਗੁਰੂ ਮਹਾ ਪੁਰਖ ਹੈ, ਗੁਰੂ ਨੂੰ ਸ਼ਾਬਾਸ਼। ਗੁਰੂ ਮੈਨੂੰ ਪਰਮਾਤਮਾ ਦੀ ਦੱਸ ਪਾ ਰਿਹਾ ਹੈ।
33182	776	ਵਡਭਾਗੀ ਹਰਿ ਪਾਇਆ ਜਨ ਨਾਨਕ ਨਾਮਿ ਵਿਗਾਸੇ॥੧॥		Vaddabhaagee Har Paaeiaa Jan Naanak Naam Vigaasae ||1||	By great good fortune, servant Nanak has found the Lord; he blossoms forth in the Naam. ||1||	ਹੇ ਦਾਸ ਨਾਨਕ! ਜਿਨ੍ਹਾਂ ਨੂੰ ਪਰਮਾਤਮਾ ਵੱਡੇ ਭਾਗਾਂ ਨਾਲ ਮਿਲ ਪੈਂਦਾ ਹੈ, (ਉਹ ਮਨੁੱਖ ਪਰਮਾਤਮਾ ਦੇ) ਨਾਮ ਵਿਚ ਜੁੜ ਕੇ ਆਤਮਕ ਆਨੰਦ ਨਾਲ ਭਰਪੂਰ ਹੋ ਜਾਂਦੇ ਹਨ ॥੧॥

33183	776	ਗੁਰੁ ਸਜਣੁ ਪਿਆਰਾ ਮੈ ਮਿਲਿਆ ਹਰਿ ਮਾਰਗੁ ਪੰਥੁ ਦਸਾਹਾ॥		Gur Sajan Piaaraa Mai Miliaa Har Maarag Panthh Dhasaahaa ||	I have met my Beloved Friend, the Guru, who has shown me the Path to the Lord.	ਹੇ ਸੰਤ ਜਨੋ! (ਜਦੋਂ ਦਾ) ਪਿਆਰਾ ਗੁਰੂ ਸੱਜਣ ਮੈਨੂੰ ਮਿਲਿਆ ਹੈ, ਮੈਂ (ਉਸ ਪਾਸੋਂ) ਪਰਮਾਤਮਾ (ਦੇ ਮਿਲਾਪ) ਦਾ ਰਸਤਾ ਪੁੱਛਦੀ ਰਹਿੰਦੀ ਹਾਂ,
33184	776	ਘਰਿ ਆਵਹੁ ਚਿਰੀ ਵਿਛੁੰਨਿਆ ਮਿਲੁ ਸਬਦਿ ਗੁਰੂ ਪ੍ਰਭ ਨਾਹਾ॥	(ਨਾਹਾ)ਪਤੀ,ਰਾਮ ਜੀ	Ghar Aavahu Chiree Vishhunniaa Mil Sabadh Guroo Prabh Naahaa ||	Come home - I have been separated from You for so long! Please, let me merge with You, through the Word of the Guru's Shabad, O my Lord God.	(ਅਤੇ ਪ੍ਰਭੂ-ਪਤੀ ਨੂੰ ਭੀ ਆਖਦੀ ਰਹਿੰਦੀ ਹਾਂ-) ਹੇ ਪ੍ਰਭੂ ਪਤੀ! ਗੁਰੂ ਦੇ ਸ਼ਬਦ ਦੀ ਰਾਹੀਂ ਮੈਨੂੰ ਚਿਰਾਂ ਦੀ ਵਿੱਛੁੜੀ ਹੋਈ ਨੂੰ ਆ ਮਿਲ, ਮੇਰੇ (ਹਿਰਦੇ-) ਘਰ ਵਿਚ ਆ ਵੱਸ।
33185	776	ਹਉ ਤੁਝੁ ਬਾਝਹੁ ਖਰੀ ਉਡੀਣੀਆ ਜਿਉ ਜਲ ਬਿਨੁ ਮੀਨੁ ਮਰਾਹਾ॥		Ho Thujh Baajhahu Kharee Ouddeeneeaa Jio Jal Bin Meen Maraahaa ||	Without You, I am so sad; like a fish out of water, I shall die.	ਹੇ ਪ੍ਰਭੂ! ਜਿਵੇਂ ਪਾਣੀ ਤੋਂ ਬਿਨਾ ਮੱਛੀ (ਤੜਪ) ਮਰਦੀ ਹੈ, (ਤਿਵੇਂ) ਤੈਥੋਂ ਬਿਨਾ ਮੈਂ ਬਹੁਤ ਉਦਾਸ ਰਹਿੰਦੀ ਹਾਂ।
33186	776	ਵਡਭਾਗੀ ਹਰਿ ਧਿਆਇਆ ਜਨ ਨਾਨਕ ਨਾਮਿ ਸਮਾਹਾ॥੨॥		Vaddabhaagee Har Dhhiaaeiaa Jan Naanak Naam Samaahaa ||2||	The very fortunate ones meditate on the Lord; servant Nanak merges into the Naam. ||2||	ਹੇ ਦਾਸ ਨਾਨਕ! ਜਿਹੜੇ ਮਨੁੱਖਾਂ ਨੇ ਵੱਡੇ ਭਾਗਾਂ ਨਾਲ ਪਰਮਾਤਮਾ ਦਾ ਸਿਮਰਨ ਕੀਤਾ, ਉਹ ਪਰਮਾਤਮਾ ਦੇ ਨਾਮ ਵਿਚ (ਹੀ) ਲੀਨ ਹੋ ਗਏ ॥੨॥

33187	776	ਮਨੁ ਦਹ ਦਿਸਿ ਚਲਿ ਚਲਿ ਭਰਮਿਆ ਮਨਮੁਖੁ ਭਰਮਿ ਭੁਲਾਇਆ॥	ਚੱਲਿ ਚੱਲਿ	Man Dheh Dhis Chal Chal Bharamiaa Manamukh Bharam Bhulaaeiaa ||	The mind runs around in the ten directions; the self-willed manmukh wanders around, deluded by doubt.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ ਦੀ) ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ, (ਉਸ ਦਾ) ਮਨ ਦਸੀਂ ਪਾਸੀਂ ਦੌੜ ਦੌੜ ਕੇ ਭਟਕਦਾ ਰਹਿੰਦਾ ਹੈ।
33188	776	ਨਿਤ ਆਸਾ ਮਨਿ ਚਿਤਵੈ ਮਨ ਤ੍ਰਿਸਨਾ ਭੁਖ ਲਗਾਇਆ॥		Nith Aasaa Man Chithavai Man Thrisanaa Bhukh Lagaaeiaa ||	In his mind, he continually conjures up hopes; his mind is gripped by hunger and thirst.	(ਆਪਣੇ ਮਨ ਦਾ ਮੁਰੀਦ ਮਨੁੱਖ ਆਪਣੇ) ਮਨ ਵਿਚ ਸਦਾ (ਮਾਇਆ ਦੀਆਂ) ਆਸਾਂ ਚਿਤਾਰਦਾ ਰਹਿੰਦਾ ਹੈ, (ਉਸ ਦੇ) ਮਨ ਨੂੰ (ਮਾਇਆ ਦੀ) ਤ੍ਰਿਸ਼ਨਾ (ਮਾਇਆ ਦੀ) ਭੁੱਖ ਚੰਬੜੀ ਰਹਿੰਦੀ ਹੈ।
33189	776	ਅਨਤਾ ਧਨੁ ਧਰਿ ਦਬਿਆ ਫਿਰਿ ਬਿਖੁ ਭਾਲਣ ਗਇਆ॥	(ਅਨ-ਤਾ)ਅਨੰਤ ਧਨੁ।ਅਨਤਾ:ਪੋਲਾ ਬੋਲੋ।ਦੱਬਿਆ	Anathaa Dhhan Dhhar Dhabiaa Fir Bikh Bhaalan Gaeiaa ||	There is an infinite treasure buried within the mind, but still, he goes out, searching for poison.	ਬੇਅੰਤ ਧਨ ਧਰਤੀ ਵਿਚ ਦੱਬ ਰੱਖਦਾ ਹੈ, ਫਿਰ ਭੀ ਆਤਮਕ ਮੌਤ ਲਿਆਉਣ ਵਾਲੀ ਹੋਰ ਮਾਇਆ-ਜ਼ਹਿਰ ਦੀ ਭਾਲ ਕਰਦਾ ਫਿਰਦਾ ਹੈ।
33190	776	ਜਨ ਨਾਨਕ ਨਾਮੁ ਸਲਾਹਿ ਤੂ ਬਿਨੁ ਨਾਵੈ ਪਚਿ ਪਚਿ ਮੁਇਆ॥੩॥		Jan Naanak Naam Salaahi Thoo Bin Naavai Pach Pach Mueiaa ||3||	O servant Nanak, praise the Naam, the Name of the Lord; without the Name, he rots away, and wastes away to death. ||3||	ਹੇ ਦਾਸ ਨਾਨਕ! (ਆਖ-ਹੇ ਭਾਈ!) ਤੂੰ ਪਰਮਾਤਮਾ ਦਾ ਨਾਮ ਜਪਦਾ ਰਿਹਾ ਕਰ। ਨਾਮ ਤੋਂ ਖੁੰਝ ਕੇ ਮਨੁੱਖ (ਤ੍ਰਿਸ਼ਨਾ ਦੀ ਅੱਗ ਵਿਚ) ਸੜ ਸੜ ਕੇ ਆਤਮਕ ਮੌਤ ਹੀ ਸਹੇੜੀ ਰੱਖਦਾ ਹੈ ॥੩॥

33191	776	ਗੁਰੁ ਸੁੰਦਰੁ ਮੋਹਨੁ ਪਾਇ ਕਰੇ ਹਰਿ ਪ੍ਰੇਮ ਬਾਣੀ ਮਨੁ ਮਾਰਿਆ॥		Gur Sundhar Mohan Paae Karae Har Praem Baanee Man Maariaa ||	Finding the beautiful and fascinating Guru, I have conquered my mind, through the Bani, the Word of my Beloved Lord.	ਹੇ ਭਾਈ! ਪਿਆਰੇ ਸੋਹਣੇ ਗੁਰੂ ਨੂੰ ਮਿਲ ਕੇ ਮੇਰਾ ਮਨ ਪ੍ਰੇਮ ਦੇ ਤੀਰਾਂ ਨਾਲ ਵਿੱਝ ਗਿਆ ਹੈ,
33192	776	ਮੇਰੈ ਹਿਰਦੈ ਸੁਧਿ ਬੁਧਿ ਵਿਸਰਿ ਗਈ ਮਨ ਆਸਾ ਚਿੰਤ ਵਿਸਾਰਿਆ॥		Maerai Hiradhai Sudhh Budhh Visar Gee Man Aasaa Chinth Visaariaa ||	My heart has forgotten its common sense and wisdom; my mind has forgotten its hopes and cares.	ਆਸਾ ਚਿੰਤਾ ਵਾਲੀ ਸੂਝ-ਬੂਝ ਮੇਰੇ ਹਿਰਦੇ ਵਿਚੋਂ ਭੁੱਲ ਗਈ ਹੈ, ਮੈਂ ਆਪਣੇ ਮਨ ਦੀ ਆਸਾ ਤੇ ਚਿੰਤਾ ਵਿਸਾਰ ਚੁਕਾ ਹਾਂ।
33193	776	ਮੈ ਅੰਤਰਿ ਵੇਦਨ ਪ੍ਰੇਮ ਕੀ ਗੁਰ ਦੇਖਤ ਮਨੁ ਸਾਧਾਰਿਆ॥		Mai Anthar Vaedhan Praem Kee Gur Dhaekhath Man Saadhhaariaa ||	Deep within my self, I feel the pains of divine love. Beholding the Guru, my mind is comforted and consoled.	(ਹੁਣ) ਮੇਰੇ ਅੰਦਰ ਪ੍ਰੇਮ ਦੀ ਚੋਭ ਟਿਕੀ ਰਹਿੰਦੀ ਹੈ, ਗੁਰੂ ਦਾ ਦਰਸ਼ਨ ਕਰ ਕੇ ਮੇਰਾ ਮਨ ਧੀਰਜ ਵਾਲਾ ਹੋ ਗਿਆ ਹੈ।
33194	776	ਵਡਭਾਗੀ ਪ੍ਰਭ ਆਇ ਮਿਲੁ ਜਨੁ ਨਾਨਕੁ ਖਿਨੁ ਖਿਨੁ ਵਾਰਿਆ॥੪॥੧॥੫॥		Vaddabhaagee Prabh Aae Mil Jan Naanak Khin Khin Vaariaa ||4||1||5||	Awaken my good destiny, O God - please, come and meet me! Each and every instant, servant Nanak is a sacrifice to You. ||4||1||5||	ਹੇ ਦਾਸ ਨਾਨਕ! (ਹੁਣ ਇਉਂ ਅਰਦਾਸ ਕਰਿਆ ਕਰ-) ਹੇ ਪ੍ਰਭੂ! ਮੇਰੇ ਚੰਗੇ ਭਾਗਾਂ ਨੂੰ ਮੈਨੂੰ ਆ ਮਿਲ-ਮੈਂ ਤੈਥੋਂ ਹਰ ਵੇਲੇ ਸਦਕੇ ਕੁਰਬਾਨ ਜਾਂਦਾ ਹਾਂ ॥੪॥੧॥੫॥
33195	776	ਸੂਹੀ ਛੰਤ ਮਹਲਾ ੪॥		Soohee Shhanth Mehalaa 4 ||	Soohee, Chhant, Fourth Mehl:	

33196	776	ਮਾਰੇਹਿ ਸੁ ਵੇ ਜਨ ਹਉਮੈ ਬਿਖਿਆ ਜਿਨਿ ਹਰਿ ਪ੍ਰਭ ਮਿਲਣ ਨ ਦਿਤੀਆ॥	(ਮਾ-ਰੇਹਿ)ਮਾਰਨਾ ਕਰੋ। ਵੇਹੇ। (ਬਿਖਿਆ)ਜ਼ਹਿਰ,ਮਾਇਆ ,ਔਗੁਣ,ਪਾਪ	Maaraehis Vae Jan Houmai Bikhiaa Jin Har Prabh Milan N Dhitheeaa ||	Eradicate the poison of egotism, O human being; it is holding you back from meeting your Lord God.	ਹੇ ਭਾਈ! ਜਿਸ ਹਉਮੈ ਨੇ ਜਿਸ ਮਾਇਆ ਨੇ (ਜੀਵ ਨੂੰ ਕਦੇ) ਪਰਮਾਤਮਾ ਨਾਲ ਮਿਲਣ ਨਹੀਂ ਦਿੱਤਾ, ਇਸ ਹਉਮੈ ਨੂੰ ਇਸ ਮਾਇਆ ਨੂੰ (ਆਪਣੇ ਅੰਦਰੋਂ) ਮਾਰ ਮੁਕਾਓ।
33197	776	ਦੇਹ ਕੰਚਨ ਵੇ ਵੰਨੀਆ ਇਨਿ ਹਉਮੈ ਮਾਰਿ ਵਿਗੁਤੀਆ॥	ਵੰਨੀਆਰੰਗ ਵਰਗੀ। ਵਿ-ਗੁੱਤੀਆ	Dhaeh Kanchan Vae Vanneeaa Ein Houmai Maar Vigutheeaa ||	This golden-colored body has been disfigured and ruined by egotism.	ਹੇ ਭਾਈ! (ਵੇਖੋ!) ਇਹ ਸਰੀਰ ਸੋਨੇ ਦੇ ਰੰਗ ਵਰਗਾ ਸੋਹਣਾ ਹੁੰਦਾ ਹੈ, (ਪਰ ਜਿੱਥੇ ਹਉਮੈ ਆ ਵੜੀ) ਇਸ ਹਉਮੈ ਨੇ (ਉਸ ਸਰੀਰ ਨੂੰ) ਮਾਰ ਕੇ ਖ਼ੁਆਰ ਕਰ ਦਿੱਤਾ।
33198	776	ਮੋਹੁ ਮਾਇਆ ਵੇ ਸਭ ਕਾਲਖਾ ਇਨਿ ਮਨਮੁਖਿ ਮੂੜਿ ਸਜੁਤੀਆ॥	(ਸ-ਜੁੱਤੀਆ)ਜੁੜਨਾ ਕੀਤਾ	Mohu Maaeiaa Vae Sabh Kaalakhaa Ein Manamukh Moorr Sajutheeaa ||	Attachment to Maya is total darkness; this foolish, self-willed manmukh is attached to it.	ਹੇ ਭਾਈ! ਮਾਇਆ ਦਾ ਮੋਹ ਨਿਰੀ ਕਾਲਖ ਹੈ, ਪਰ ਆਪਣੇ ਮਨ ਦੇ ਮੁਰੀਦ ਇਸ ਮੂਰਖ ਮਨੁੱਖ ਨੇ (ਆਪਣੇ ਆਪ ਨੂੰ ਇਸ ਕਾਲਖ ਨਾਲ ਹੀ) ਜੋੜ ਰੱਖਿਆ ਹੈ।
33199	776	ਜਨ ਨਾਨਕ ਗੁਰਮੁਖਿ ਉਬਰੇ ਗੁਰ ਸਬਦੀ ਹਉਮੈ ਛੁਟੀਆ॥੧॥		Jan Naanak Guramukh Oubarae Gur Sabadhee Houmai Shhutteeaa ||1||	O servant Nanak, the Gurmukh is saved; through the Word of the Guru's Shabad, he is released from egotism. ||1||	ਹੇ ਦਾਸ ਨਾਨਕ! (ਆਖ-ਹੇ ਭਾਈ!) ਗੁਰੂ ਦੇ ਮਨਮੁਖ ਰਹਿਣ ਵਾਲੇ ਮਨੁੱਖ (ਇਸ ਹਉਮੈ ਤੋਂ) ਬਚ ਜਾਂਦੇ ਹਨ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਨੂੰ ਹਉਮੈ ਤੋਂ ਖ਼ਲਾਸੀ ਮਿਲ ਜਾਂਦੀ ਹੈ ॥੧॥

33200	776	ਵਸਿ ਆਨਿਹੁ ਵੇ ਜਨ ਇਸੁ ਮਨ ਕਉ ਮਨੁ ਬਾਸੇ ਜਿਉ ਨਿਤ ਭਉਦਿਆ॥	(ਬਾਸੇ)ਛੋਟਾ ਬਾਜ	Vas Aanihu Vae Jan Eis Man Ko Man Baasae Jio Nith Bhoudhiaa ||	Overcome and subdue this mind; your mind wanders around continually, like a falcon.	ਹੇ ਭਾਈ! (ਆਪਣੇ) ਇਸ ਮਨ ਨੂੰ (ਸਦਾ ਆਪਣੇ) ਵੱਸ ਵਿਚ ਰੱਖੋ। (ਮਨੁੱਖ ਦਾ ਇਹ) ਮਨ ਸਦਾ (ਸ਼ਿਕਾਰੀ ਪੰਛੀ) ਬਾਸ਼ੇ ਵਾਂਗ ਭਟਕਦਾ ਹੈ।
33201	776	ਦੁਖਿ ਰੈਣਿ ਵੇ ਵਿਹਾਣੀਆ ਨਿਤ ਆਸਾ ਆਸ ਕਰੇਦਿਆ॥		Dhukh Rain Vae Vihaaneeaa Nith Aasaa Aas Karaedhiaa ||	The mortal's life-night passes painfully, in constant hope and desire.	ਸਦਾ ਆਸਾਂ ਹੀ ਆਸਾਂ ਬਣਾਂਦਿਆਂ (ਮਨੁੱਖ ਦੀ ਸਾਰੀ ਜ਼ਿੰਦਗੀ ਦੀ) ਰਾਤ ਦੁੱਖ ਵਿਚ ਹੀ ਬੀਤਦੀ ਹੈ।
33202	776	ਗੁਰੁ ਪਾਇਆ ਵੇ ਸੰਤ ਜਨੋ ਮਨਿ ਆਸ ਪੂਰੀ ਹਰਿ ਚਉਦਿਆ॥	ਚਉਂਦਿਆਂ:ਕਸਕੇ	Gur Paaeiaa Vae Santh Jano Man Aas Pooree Har Choudhiaa ||	I have found the Guru, O humble Saints; my mind's hopes are fulfilled, chanting the Lord's Name.	ਹੇ ਸੰਤ ਜਨੋ! ਜਿਸ ਮਨੁੱਖ ਨੂੰ ਗੁਰੂ ਮਿਲ ਪਿਆ (ਉਹ ਪਰਮਾਤਮਾ ਦਾ ਨਾਮ ਜਪਣ ਲੱਗ ਪੈਂਦਾ ਹੈ, ਤੇ) ਨਾਮ ਜਪਦਿਆਂ (ਉਸ ਦੇ) ਮਨ ਵਿਚ (ਉੱਠੀ ਹਰਿਨਾਮ ਸਿਮਰਨ ਦੀ) ਆਸ ਪੂਰੀ ਹੋ ਜਾਂਦੀ ਹੈ।

33203	776	ਜਨ ਨਾਨਕ ਪ੍ਰਭ ਦੇਹੁ ਮਤੀ ਛਡਿ ਆਸਾ ਨਿਤ ਸੁਖਿ ਸਉਦਿਆ॥੨॥	ਸਉਂਦਿਆਂ	Jan Naanak Prabh Dhaehu Mathee Shhadd Aasaa Nith Sukh Soudhiaa ||2||	Please bless servant Nanak, O God, with such understanding, that abandoning false hopes, he may always sleep in peace. ||2||	ਹੇ ਦਾਸ ਨਾਨਕ! (ਪ੍ਰਭੂ ਦੇ ਦਰ ਤੇ ਅਰਦਾਸ ਕਰਿਆ ਕਰ ਤੇ ਆਖ-) ਹੇ ਪ੍ਰਭੂ! (ਮੈਨੂੰ ਭੀ ਆਪਣਾ ਨਾਮ ਜਪਣ ਦੀ) ਸੂਝ ਬਖ਼ਸ਼ (ਜਿਹੜਾ ਮਨੁੱਖ ਨਾਮ ਜਪਦਾ ਹੈ, ਉਹ ਦੁਨੀਆ ਵਾਲੀਆਂ) ਆਸਾਂ ਛੱਡ ਕੇ ਆਤਮਕ ਆਨੰਦ ਵਿਚ ਲੀਨ ਰਹਿੰਦਾ ਹੈ ॥੨॥
33204	776	ਸਾ ਧਨ ਆਸਾ ਚਿਤਿ ਕਰੇ ਰਾਮ ਰਾਜਿਆ ਹਰਿ ਪ੍ਰਭ ਸੇਜੜੀਐ ਆਈ॥	ਸੇਜ-ੜੀਐ	Saa Dhhan Aasaa Chith Karae Raam Raajiaa Har Prabh Saejarreeai Aaee ||	The bride hopes in her mind, that her Sovereign Lord God will come to her bed.	ਹੇ ਭਾਈ! (ਗੁਰੂ ਦੀ ਸਰਨ ਪਈ ਰਹਿਣ ਵਾਲੀ) ਜੀਵ-ਇਸਤ੍ਰੀ (ਆਪਣੇ) ਚਿੱਤ ਵਿਚ (ਨਿੱਤ ਪ੍ਰਭੂ-ਪਤੀ ਦੇ ਮਿਲਾਪ ਦੀ) ਆਸ ਕਰਦੀ ਰਹਿੰਦੀ ਹੈ (ਤੇ ਆਖਦੀ ਹੈ-) ਹੇ ਪ੍ਰਭੂ-ਪਾਤਿਸ਼ਾਹ! ਹੇ ਹਰੀ! ਹੇ ਪ੍ਰਭੂ! (ਮੇਰੇ ਹਿਰਦੇ ਦੀ) ਸੋਹਣੀ ਸੇਜ ਉੱਤੇ ਆ (ਵੱਸ)।
33205	776	ਮੇਰਾ ਠਾਕੁਰੁ ਅਗਮ ਦਇਆਲੁ ਹੈ ਰਾਮ ਰਾਜਿਆ ਕਰਿ ਕਿਰਪਾ ਲੇਹੁ ਮਿਲਾਈ॥		Maeraa Thaakur Agam Dhaeiaal Hai Raam Raajiaa Kar Kirapaa Laehu Milaaee ||	My Lord and Master is infinitely compassionate; O Sovereign Lord, be merciful, and merge me into Yourself.	ਹੇ ਪ੍ਰਭੂ-ਪਾਤਿਸ਼ਾਹ! ਤੂੰ ਮੇਰਾ ਮਾਲਕ ਹੈਂ, ਤੂੰ ਦਇਆ ਦਾ ਸੋਮਾ ਹੈਂ, (ਪਰ ਤੂੰ ਮੇਰੇ ਲਈ) ਅਪਹੁੰਚ ਹੈਂ (ਤੂੰ ਆਪ ਹੀ) ਮਿਹਰ ਕਰ ਕੇ (ਮੈਨੂੰ ਆਪਣੇ ਚਰਨਾਂ ਵਿਚ) ਮਿਲਾ ਲੈ।

33206	777	ਮੇਰੈ ਮਨਿ ਤਨਿ ਲੋਚਾ ਗੁਰਮੁਖੇ ਰਾਮ ਰਾਜਿਆ ਹਰਿ ਸਰਧਾ ਸੇਜ ਵਿਛਾਈ॥		Maerai Man Than Lochaa Guramukhae Raam Raajiaa Har Saradhhaa Saej Vishhaaee ||	My mind and body long to behold the Guru's face. O Sovereign Lord, I have spread out my bed of loving faith.	ਹੇ ਪ੍ਰਭੂ-ਪਾਤਿਸ਼ਾਹ! ਗੁਰੂ ਦੀ ਸਰਨ ਪੈ ਕੇ ਮੇਰੇ ਮਨ ਵਿਚ, ਮੇਰੇ ਤਨ ਵਿਚ (ਤੇਰੇ ਮਿਲਾਪ ਦੀ) ਤਾਂਘ ਪੈਦਾ ਹੋ ਚੁਕੀ ਹੈ। ਹੇ ਹਰੀ! ਮੈਂ ਸਰਧਾ ਦੀ ਸੇਜ ਵਿਛਾ ਰੱਖੀ ਹੈ।
33207	777	ਜਨ ਨਾਨਕ ਹਰਿ ਪ੍ਰਭ ਭਾਣੀਆ ਰਾਮ ਰਾਜਿਆ ਮਿਲਿਆ ਸਹਜਿ ਸੁਭਾਈ॥੩॥		Jan Naanak Har Prabh Bhaaneeaa Raam Raajiaa Miliaa Sehaj Subhaaee ||3||	O servant Nanak, when the bride pleases her Lord God, her Sovereign Lord meets her with natural ease. ||3||	ਹੇ ਦਾਸ ਨਾਨਕ! (ਆਖ-) ਹੇ ਪ੍ਰਭੂ-ਪਾਤਿਸ਼ਾਹ! ਹੇ ਹਰੀ! ਜਿਹੜੀ ਜੀਵ-ਇਸਤ੍ਰੀ ਤੈਨੂੰ ਪਿਆਰੀ ਲੱਗ ਜਾਂਦੀ ਹੈ, ਤੂੰ ਉਸ ਨੂੰ ਆਤਮਕ ਅਡੋਲਤਾ ਵਿਚ ਟਿਕੀ ਨੂੰ ਪ੍ਰੇਮ ਵਿਚ ਟਿਕੀ ਨੂੰ ਮਿਲ ਪੈਂਦਾ ਹੈਂ ॥੩॥
33208	777	ਇਕਤੁ ਸੇਜੈ ਹਰਿ ਪ੍ਰਭੋ ਰਾਮ ਰਾਜਿਆ ਗੁਰੁ ਦਸੇ ਹਰਿ ਮੇਲੇਈ॥	ਇੱਕ-ਤੁ।ਦੱਸੇ। ਮੇ-ਲੇਈ	Eikath Saejai Har Prabho Raam Raajiaa Gur Dhasae Har Maelaeee ||	My Lord God, my Sovereign Lord, is on the one bed. The Guru has shown me how to meet my Lord.	ਹੇ ਭਾਈ! (ਜੀਵ-ਇਸਤ੍ਰੀ ਦੀ) ਇੱਕੋ ਹੀ (ਹਿਰਦਾ-) ਸੇਜ ਉੱਤੇ ਹਰੀ ਪ੍ਰਭੂ (ਵੱਸਦਾ ਹੈ), (ਜਿਸ ਜੀਵ-ਇਸਤ੍ਰੀ ਨੂੰ) ਗੁਰੂ ਦੱਸ ਪਾਂਦਾ ਹੈ, ਉਸ ਨੂੰ ਹਰੀ ਨਾਲ ਮਿਲਾ ਦੇਂਦਾ ਹੈ।
33209	777	ਮੈ ਮਨਿ ਤਨਿ ਪ੍ਰੇਮ ਬੈਰਾਗੁ ਹੈ ਰਾਮ ਰਾਜਿਆ ਗੁਰੁ ਮੇਲੇ ਕਿਰਪਾ ਕਰੇਈ॥		Mai Man Than Praem Bairaag Hai Raam Raajiaa Gur Maelae Kirapaa Karaeee ||	My mind and body are filled with love and affection for my Sovereign Lord. In His Mercy, the Guru has united me with Him.	ਮੇਰੇ ਮਨ ਵਿਚ ਮੇਰੇ ਹਿਰਦੇ ਵਿਚ (ਪ੍ਰਭੂ ਦੇ ਮਿਲਾਪ ਲਈ) ਖਿੱਚ ਹੈ ਤਾਂਘ ਹੈ (ਪਰ ਜਿਸ ਜੀਵ ਇਸਤ੍ਰੀ ਉੱਤੇ) ਗੁਰੂ ਮਿਹਰ ਕਰਦਾ ਹੈ, ਉਸ ਨੂੰ (ਪ੍ਰਭੂ ਨਾਲ) ਮਿਲਾਂਦਾ ਹੈ।

33210	777	ਹਉ ਗੁਰ ਵਿਟਹੁ ਘੋਲਿ ਘੁਮਾਇਆ ਰਾਮ ਰਾਜਿਆ ਜੀਉ ਸਤਿਗੁਰ ਆਗੈ ਦੇਈ॥		Ho Gur Vittahu Ghol Ghumaaeiaa Raam Raajiaa Jeeo Sathigur Aagai Dhaeee ||	I am a sacrifice to my Guru, O my Sovereign Lord; I surrender my soul to the True Guru.	ਹੇ ਭਾਈ! ਮੈਂ ਗੁਰੂ ਤੋਂ ਸਦਕੇ ਕੁਰਬਾਨ ਜਾਂਦਾ ਹਾਂ, ਮੈਂ (ਆਪਣੀ) ਜਿੰਦ ਗੁਰੂ ਅੱਗੇ ਭੇਟ ਧਰਦਾ ਹਾਂ।
33211	777	ਗੁਰੁ ਤੁਠਾ ਜੀਉ ਰਾਮ ਰਾਜਿਆ ਜਨ ਨਾਨਕ ਹਰਿ ਮੇਲੇਈ॥੪॥੨॥੬॥ ੫॥੭॥੬॥੧੮॥		Gur Thuthaa Jeeo Raam Raajiaa Jan Naanak Har Maelaeee ||4||2||6||5||7||6||18||	When the Guru is totally pleased, O servant Nanak, he unites the soul with the Lord, the Sovereign Lord. ||4||2||6||5||7||6||18||	ਹੇ ਦਾਸ ਨਾਨਕ! (ਆਖ-) ਜਿਸ ਉੱਤੇ ਗੁਰੂ ਦਇਆਵਾਨ ਹੁੰਦਾ ਹੈ, ਉਸ ਨੂੰ ਹਰਿ-ਪ੍ਰਭੂ ਨਾਲ ਮਿਲਾ ਦੇਂਦਾ ਹੈ ॥੪॥੨॥੬॥੫॥੭॥੬॥੧੮॥
33212	777	ਰਾਗੁ ਸੂਹੀ ਛੰਤ ਮਹਲਾ ੫ ਘਰੁ ੧		Raag Soohee Shhanth Mehalaa 5 Ghar 1	Raag Soohee, Chhant, Fifth Mehl, First House:	ਰਾਗ ਸੂਹੀ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ' (ਛੰਦ)।
33213	777	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
33214	777	ਸੁਣਿ ਬਾਵਰੇ ਤੂ ਕਾਏ ਦੇਖਿ ਭੁਲਾਨਾ॥		Sun Baavarae Thoo Kaaeae Dhaekh Bhulaanaa ||	Listen, madman: gazing upon the world, why have you gone crazy?	(ਮਾਇਆ ਦੇ ਮੋਹ ਵਿਚ) ਝੱਲੇ ਹੋ ਰਹੇ ਹੇ ਮਨੁੱਖ! (ਜੋ ਕੁਝ ਮੈਂ ਕਹਿ ਰਿਹਾ ਹਾਂ, ਇਸ ਨੂੰ ਧਿਆਨ ਨਾਲ) ਸੁਣ। ਤੂੰ (ਮਾਇਆ ਨੂੰ) ਵੇਖ ਕੇ ਕਿਉਂ (ਜੀਵਨ-ਰਾਹ ਤੋਂ) ਖੁੰਝ ਰਿਹਾ ਹੈਂ?

33215	777	ਸੁਣਿ ਬਾਵਰੇ ਨੇਹੁ ਕੂੜਾ ਲਾਇਓ ਕੁਸੰਭ ਰੰਗਾਨਾ॥	ਕੁ-ਸੰਭ	Sun Baavarae Naehu Koorraa Laaeiou Kusanbh Rangaanaa ||	Listen, madman: you have been trapped by false love, which is transitory, like the fading color of the safflower.	ਹੇ ਬਾਵਰੇ! ਸੁਣ, (ਇਹ ਮਾਇਆ) ਕਸੁੰਭੇ ਦੇ ਰੰਗ (ਵਰਗੀ ਹੈ, ਤੂੰ ਇਸ ਨਾਲ) ਪਿਆਰ ਪਾਇਆ ਹੋਇਆ ਹੈ ਜੋ ਸਦਾ ਨਿਭਣ ਵਾਲਾ ਨਹੀਂ।
33216	777	ਕੂੜੀ ਡੇਖਿ ਭੁਲੋ ਅਢੁ ਲਹੈ ਨ ਮੁਲੋ ਗੋਵਿਦ ਨਾਮੁ ਮਜੀਠਾ॥	(ਅਢੁ)ਅੱਧੀ ਕੌਡੀ	Koorree Ddaekh Bhulo Adt Lehai N Mulo Govidh Naam Majeethaa ||	Gazing upon the false world, you are fooled. It is not worth even half a shell. Only the Name of the Lord of the Universe is permanent.	ਤੂੰ (ਉਸ) ਨਾਸਵੰਤ (ਮਾਇਆ) ਨੂੰ ਵੇਖ ਕੇ ਜੀਵਨ-ਰਾਹ ਤੋਂ ਖੁੰਝ ਰਿਹਾ ਹੈਂ, (ਜਿਹੜੀ ਆਖ਼ਰ) ਅੱਧੀ ਕੌਡੀ ਮੁੱਲ ਭੀ ਨਹੀਂ ਵੱਟ ਸਕਦੀ। ਹੇ ਭਾਈ! ਪਰਮਾਤਮਾ ਦਾ ਨਾਮ ਹੀ ਮਜੀਠ ਦੇ ਪੱਕੇ ਰੰਗ ਵਾਂਗ ਸਦਾ ਸਾਥ ਨਿਬਾਹੁਣ ਵਾਲਾ) ਹੈ।
33217	777	ਥੀਵਹਿ ਲਾਲਾ ਅਤਿ ਗੁਲਾਲਾ ਸਬਦੁ ਚੀਨ੍ਹਿ ਗੁਰ ਮੀਠਾ॥		Thheevehi Laalaa Ath Gulaalaa Sabadh Cheen Gur Meethaa ||	You shall take on the deep and lasting red color of the poppy, contemplating the sweet Word of the Guru's Shabad.	ਜੇ ਤੂੰ ਗੁਰੂ ਦੇ ਮਿੱਠੇ ਸ਼ਬਦ ਨਾਲ ਡੂੰਘੀ ਸਾਂਝ ਪਾ ਕੇ (ਪਰਮਾਤਮਾ ਦਾ ਨਾਮ ਜਪਦਾ ਰਹੇਂ, ਤਾਂ) ਤੂੰ ਸੋਹਣੇ ਗੂੜ੍ਹੇ ਰੰਗ ਵਾਲੇ ਲਾਲ ਫੁੱਲ ਬਣ ਜਾਹਿਂਗਾ।
33218	777	ਮਿਥਿਆ ਮੋਹਿ ਮਗਨੁ ਥੀ ਰਹਿਆ ਝੂਠ ਸੰਗਿ ਲਪਟਾਨਾ॥	ਥੀਹੋ। (ਰਹਿਆ)ਰਿਹਾ ਹੈ	Mithhiaa Mohi Magan Thhee Rehiaa Jhooth Sang Lapattaanaa ||	You remain intoxicated with false emotional attachment; you are attached to falsehood.	ਪਰ ਤੂੰ ਤਾਂ ਨਾਸਵੰਤ (ਮਾਇਆ) ਦੇ ਮੋਹ ਵਿਚ ਮਸਤ ਹੋ ਰਿਹਾ ਹੈਂ, ਤੂੰ ਉਹਨਾਂ ਪਦਾਰਥਾਂ ਨਾਲ ਚੰਬੜ ਰਿਹਾ ਹੈਂ ਜਿਨ੍ਹਾਂ ਨਾਲ ਤੇਰਾ ਸਾਥ ਨਹੀਂ ਨਿਭਣਾ।

33219	777	ਨਾਨਕ ਦੀਨ ਸਰਣਿ ਕਿਰਪਾਨਿਧਿ ਰਾਖੁ ਲਾਜ ਭਗਤਾਨਾ॥੧॥		Naanak Dheen Saran Kirapaa Nidhh Raakh Laaj Bhagathaanaa ||1||	Nanak, meek and humble, seeks the Sanctuary of the Lord, the treasure of mercy. He preserves the honor of His devotees. ||1||	ਹੇ ਨਾਨਕ! (ਆਖ-) ਹੇ ਦਇਆ ਦੇ ਖ਼ਜ਼ਾਨੇ ਪ੍ਰਭੂ! (ਮੈਂ) ਗਰੀਬ (ਤੇਰੀ) ਸਰਨ (ਆਇਆ ਹਾਂ ਮੇਰੀ) ਲਾਜ ਰੱਖ, (ਜਿਵੇਂ) ਤੂੰ ਆਪਣੇ ਭਗਤਾਂ ਦੀ (ਲਾਜ ਰੱਖਦਾ ਆਇਆ ਹੈਂ) ॥੧॥
33220	777	ਸੁਣਿ ਬਾਵਰੇ ਸੇਵਿ ਠਾਕੁਰੁ ਨਾਥੁ ਪਰਾਣਾ॥		Sun Baavarae Saev Thaakur Naathh Paraanaa ||	Listen, madman: serve your Lord, the Master of the breath of life.	ਹੇ ਬਾਵਰੇ! ਸੁਣ; ਜਿੰਦ ਦੇ ਮਾਲਕ ਪ੍ਰਭੂ ਦੀ ਸੇਵਾ-ਭਗਤੀ ਕਰਿਆ ਕਰ।
33221	777	ਸੁਣਿ ਬਾਵਰੇ ਜੋ ਆਇਆ ਤਿਸੁ ਜਾਣਾ॥		Sun Baavarae Jo Aaeiaa This Jaanaa ||	Listen, madman: whoever comes, shall go.	ਹੇ ਝੱਲੇ! ਸੁਣ, (ਇਥੇ ਸਦਾ ਕਿਸੇ ਨਹੀਂ ਬੈਠ ਰਹਿਣਾ) ਜਿਹੜਾ (ਜੀਵ ਜਗਤ ਵਿਚ) ਆਇਆ ਹੈ ਉਸ ਨੂੰ (ਇਥੋਂ) ਜਾਣਾ ਭੀ ਪਏਗਾ।
33222	777	ਨਿਹਚਲੁ ਹਭ ਵੈਸੀ ਸੁਣਿ ਪਰਦੇਸੀ ਸੰਤਸੰਗਿ ਮਿਲਿ ਰਹੀਐ॥		Nihachal Habh Vaisee Sun Paradhaesee Santhasang Mil Reheeai ||	Listen, O wandering stranger: that which you believe to be permanent, shall all pass away; so remain in the Saints' Congregation.	ਹੇ ਪਰਾਏ ਦੇਸ ਵਿਚ ਆਏ ਜੀਵ! ਸੁਣ, (ਜਿਸ ਜਗਤ ਨੂੰ ਤੂੰ) ਅਟੱਲ (ਸਮਝ ਰਿਹਾ ਹੈਂ, ਇਹ) ਸਾਰੀ ਸ੍ਰਿਸ਼ਟੀ ਨਾਸ ਹੋ ਜਾਇਗੀ। ਹੇ ਪਰਦੇਸੀ! ਸਾਧ ਸੰਗਤਿ ਵਿਚ (ਟਿਕ ਕੇ) ਪ੍ਰਭੂ-ਚਰਨਾਂ ਵਿਚ ਜੁੜੇ ਰਹਿਣਾ ਚਾਹੀਦਾ ਹੈ।

33223	777	ਹਰਿ ਪਾਈਐ ਭਾਗੀ ਸੁਣਿ ਬੈਰਾਗੀ ਚਰਣ ਪ੍ਰਭੂ ਗਹਿ ਰਹੀਐ॥	ਭੱਾਗੀਂ	Har Paaeeai Bhaagee Sun Bairaagee Charan Prabhoo Gehi Reheeai ||	Listen, renunciate: by your good destiny, obtain the Lord, and remain attached to God's Feet.	ਹੇ ਭਾਈ! ਸੁਣ, (ਮਾਇਆ ਦੇ ਮੋਹ ਵਲੋਂ) ਉਪਰਾਮ (ਹੋ ਕੇ ਹੀ) ਚੰਗੀ ਕਿਸਮਤ ਨਾਲ ਪ੍ਰਭੂ ਨੂੰ ਮਿਲ ਸਕੀਦਾ ਹੈ, (ਇਸ ਵਾਸਤੇ) ਪ੍ਰਭੂ ਦੇ ਚਰਨਾਂ ਨੂੰ ਚੰਗੀ ਤਰ੍ਹਾਂ ਫੜ ਰੱਖਣਾ ਚਾਹੀਦਾ ਹੈ।
33224	777	ਏਹੁ ਮਨੁ ਦੀਜੈ ਸੰਕ ਨ ਕੀਜੈ ਗੁਰਮੁਖਿ ਤਜਿ ਬਹੁ ਮਾਣਾ॥		Eaehu Man Dheejai Sank N Keejai Guramukh Thaj Bahu Maanaa ||	Dedicate and surrender this mind to the Lord, and have no doubts; as Gurmukh, renounce your great pride.	ਹੇ ਭਾਈ! ਇਹ ਮਨ ਗੁਰੂ ਦੇ ਹਵਾਲੇ ਕਰ, (ਇਸ ਵਿਚ ਰਤਾ ਭਰ ਭੀ) ਝਿਝਕਣਾ ਨਹੀਂ ਚਾਹੀਦਾ। ਗੁਰੂ ਦੀ ਸਰਨ ਪੈ ਕੇ (ਆਪਣੇ ਅੰਦਰੋਂ) ਅਹੰਕਾਰ ਦੂਰ ਕਰ।
33225	777	ਨਾਨਕ ਦੀਨ ਭਗਤ ਭਵ ਤਾਰਣ ਤੇਰੇ ਕਿਆ ਗੁਣ ਆਖਿ ਵਖਾਣਾ॥੨॥		Naanak Dheen Bhagath Bhav Thaaran Thaerae Kiaa Gun Aakh Vakhaanaa ||2||	O Nanak, the Lord carries the meek and humble devotees across the terrifying world-ocean. What Glorious Virtues of Your should I chant and recite? ||2||	ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰ ਤੇ ਆਖ-) ਹੇ (ਸਰਨ ਪਏ) ਗਰੀਬਾਂ ਨੂੰ ਅਤੇ ਭਗਤਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲੇ! (ਤੂੰ ਬੇਅੰਤ ਗੁਣਾਂ ਦਾ ਮਾਲਕ ਹੈਂ) ਮੈਂ ਤੇਰੇ ਕਿਹੜੇ ਕਿਹੜੇ ਗੁਣ ਆਖ ਕੇ ਦੱਸ ਸਕਦਾ ਹਾਂ? ॥੨॥
33226	777	ਸੁਣਿ ਬਾਵਰੇ ਕਿਆ ਕੀਚੈ ਕੂੜਾ ਮਾਨੋ॥		Sun Baavarae Kiaa Keechai Koorraa Maano ||	Listen, madman: why do you harbor false pride?	ਹੇ ਭਾਵਰੇ! (ਨਾਸਵੰਤ ਪਦਾਰਥਾਂ ਦਾ) ਝੂਠਾ ਅਹੰਕਾਰ ਨਹੀਂ ਕਰਨਾ ਚਾਹੀਦਾ।

33227	777	ਸੁਣਿ ਬਾਵਰੇ ਹਭੁ ਵੈਸੀ ਗਰਬੁ ਗੁਮਾਨੋ॥		Sun Baavarae Habh Vaisee Garab Gumaano ||	Listen, madman: all your egotism and pride shall be overcome.	ਹੇ ਬਾਵਰੇ! ਸੁਣ, (ਪਦਾਰਥਾਂ ਨਾਲੋਂ ਸੰਬੰਧ ਟੁੱਟਿਆਂ ਇਹ) ਸਾਰਾ ਮਾਣ ਤੇ ਗੁਮਾਨ ਭੀ ਮੁੱਕ ਜਾਇਗਾ।
33228	777	ਨਿਹਚਲੁ ਹਭ ਜਾਣਾ ਮਿਥਿਆ ਮਾਣਾ ਸੰਤ ਪ੍ਰਭੂ ਹੋਇ ਦਾਸਾ॥		Nihachal Habh Jaanaa Mithhiaa Maanaa Santh Prabhoo Hoe Dhaasaa ||	What you think is permanent, shall all pass away. Pride is false, so become the slave of God's Saints.	ਹੇ ਭਾਈ! ਜਿਸ ਜਗਤ ਨੂੰ ਸਦਾ-ਥਿਰ ਸਮਝਦਾ ਹੈਂ, ਇਹ ਸਾਰੀ ਸ੍ਰਿਸ਼ਟੀ ਚਲੀ ਜਾਣ ਵਾਲੀ ਹੈ, ਇਸ ਦਾ ਮਾਣ ਕਰਨਾ ਝੂਠਾ ਕਰਮ ਹੈ। (ਇਥੇ) ਗੁਰੂ ਦਾ ਪ੍ਰਭੂ ਦਾ ਦਾਸ ਬਣੇ ਰਹਿਣਾ ਚਾਹੀਦਾ ਹੈ।
33229	777	ਜੀਵਤ ਮਰੀਐ ਭਉਜਲੁ ਤਰੀਐ ਜੇ ਥੀਵੈ ਕਰਮਿ ਲਿਖਿਆਸਾ॥		Jeevath Mareeai Bhoujal Thareeai Jae Thheevai Karam Likhiaasaa ||	Remain dead while still alive, and you shall cross over the terrifying world-ocean, if it is your pre-ordained destiny.	ਜੇ ਸਦਾ ਆਪਾ-ਭਾਵ ਦੂਰ ਕਰੀ ਰੱਖੀਏ, ਤਾਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ, (ਪਰ ਇਹ ਤਦੋਂ ਹੀ ਹੋ ਸਕਦਾ ਹੈ,) ਜੇ (ਪਰਮਾਤਮਾ ਦੀ) ਮਿਹਰ ਨਾਲ (ਮੱਥੇ ਉਤੇ ਲੇਖ) ਲਿਖਿਆ ਹੋਇਆ ਹੋਵੇ।
33230	777	ਗੁਰੁ ਸੇਵੀਜੈ ਅੰਮ੍ਰਿਤੁ ਪੀਜੈ ਜਿਸੁ ਲਾਵਹਿ ਸਹਜਿ ਧਿਆਨੋ॥		Gur Saeveejai Anmrith Peejai Jis Laavehi Sehaj Dhhiaano ||	One whom the Lord causes to meditate intuitively, serves the Guru, and drinks in the Ambrosial Nectar.	ਹੇ ਭਾਈ! ਗੁਰੂ ਦੀ ਸਰਨ ਪਏ ਰਹਿਣਾ ਚਾਹੀਦਾ ਹੈ (ਗੁਰੂ ਪਾਸੋਂ ਹੀ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਸਕੀਦਾ ਹੈ। (ਪਰ, ਹੇ ਪ੍ਰਭੂ! ਉਹੀ ਮਨੁੱਖ ਤੇਰਾ ਨਾਮ-ਅੰਮ੍ਰਿਤ ਪੀਂਦਾ ਹੈ,) ਜਿਸ ਦੀ ਸੁਰਤ ਤੂੰ ਆਤਮਕ ਅਡੋਲਤਾ ਵਿਚ ਟਿਕਾਂਦਾ ਹੈਂ।

33231	777	ਨਾਨਕੁ ਸਰਣਿ ਪਇਆ ਹਰਿ ਦੁਆਰੈ ਹਉ ਬਲਿ ਬਲਿ ਸਦ ਕੁਰਬਾਨੋ॥੩॥		Naanak Saran Paeiaa Har Dhuaarai Ho Bal Bal Sadh Kurabaano ||3||	Nanak seeks the Sanctuary of the Lord's Door; I am a sacrifice, a sacrifice, a sacrifice, forever a sacrifice to Him. ||3||	ਹੇ ਹਰੀ! (ਤੇਰਾ ਦਾਸ) ਨਾਨਕ ਤੇਰੇ ਦਰ ਤੇ ਤੇਰੀ ਸਰਨ ਆ ਪਿਆ ਹੈ। ਮੈਂ (ਤੈਥੋਂ) ਸਦਾ ਸਦਾ ਕੁਰਬਾਨ ਜਾਂਦਾ ਹਾਂ, ਸਦਕੇ ਜਾਂਦਾ ਹਾਂ ॥੩॥
33232	777	ਸੁਣਿ ਬਾਵਰੇ ਮਤੁ ਜਾਣਹਿ ਪ੍ਰਭੁ ਮੈ ਪਾਇਆ॥		Sun Baavarae Math Jaanehi Prabh Mai Paaeiaa ||	Listen, madman: do not think that you have found God.	ਹੇ (ਮਾਇਆ ਦੇ ਮੋਹ ਵਿਚ) ਝੱਲੇ (ਹੋ ਰਹੇ) ਮਨੁੱਖ (ਜੋ ਕੁਝ ਮੈਂ ਕਹਿ ਰਿਹਾ ਹਾਂ, ਧਿਆਨ ਨਾਲ) ਸੁਣ। ਇਹ ਨਾਹ ਸਮਝ ਕਿ (ਮਾਇਆ ਦੇ ਮਾਣ ਵਿਚ ਰਹਿ ਕੇ ਭੀ) ਮੈਂ (ਭਾਵ, ਤੂੰ) ਪਰਮਾਤਮਾ ਦਾ ਮਿਲਾਪ ਹਾਸਲ ਕਰ ਲਿਆ ਹੈ।
33233	777	ਸੁਣਿ ਬਾਵਰੇ ਥੀਉ ਰੇਣੁ ਜਿਨੀ ਪ੍ਰਭੁ ਧਿਆਇਆ॥		Sun Baavarae Thheeo Raen Jinee Prabh Dhhiaaeiaa ||	Listen, madman: be the dust under the feet of those who meditate on God.	ਹੇ ਬਾਵਰੇ! ਸੁਣ, ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਸਿਮਰਨ ਕੀਤਾ ਹੈ, (ਉਹਨਾਂ ਦੇ) ਚਰਨਾਂ ਦੀ ਧੂੜ ਬਣਿਆ ਰਹੁ (ਤਾਂ ਹੀ ਪ੍ਰਭੂ-ਮਿਲਾਪ ਹੁੰਦਾ ਹੈ)।

33234	777	ਜਿਨਿ ਪ੍ਰਭੁ ਧਿਆਇਆ ਤਿਨਿ ਸੁਖੁ ਪਾਇਆ ਵਡਭਾਗੀ ਦਰਸਨੁ ਪਾਈਐ॥		Jin Prabh Dhhiaaeiaa Thin Sukh Paaeiaa Vaddabhaagee Dharasan Paaeeai ||	Those who meditate on God find peace. By great good fortune, the Blessed Vision of their Darshan is obtained.	ਹੇ ਭਾਈ! ਜਿਸ (ਮਨੁੱਖ) ਨੇ ਪਰਮਾਤਮਾ ਦਾ ਸਿਮਰਨ ਕੀਤਾ ਹੈ, ਉਸ ਨੇ ਆਤਮਕ ਆਨੰਦ ਪ੍ਰਾਪਤ ਕਰ ਲਿਆ ਹੈ। ਵੱਡੇ ਭਾਗਾਂ ਨਾਲ (ਪਰਮਾਤਮਾ ਦਾ) ਦਰਸਨ ਹੁੰਦਾ ਹੈ।
33235	777	ਥੀਉ ਨਿਮਾਣਾ ਸਦ ਕੁਰਬਾਣਾ ਸਗਲਾ ਆਪੁ ਮਿਟਾਈਐ॥		Thheeo Nimaanaa Sadh Kurabaanaa Sagalaa Aap Mittaaeeai ||	Be humble, and be forever a sacrifice, and your self-conceit shall be totally eradicated.	ਗਰੀਬੀ ਸੁਭਾਉ ਵਾਲਾ ਬਣਿਆ ਰਿਹਾ ਕਰ, (ਜਿਨ੍ਹਾਂ ਪ੍ਰਭੂ ਦਾ ਸਿਮਰਨ ਕੀਤਾ ਹੈ, ਉਹਨਾਂ ਤੋਂ) ਸਦਾ ਸਦਕੇ ਹੋਇਆ ਕਰ। ਹੇ ਭਾਈ! ਆਪਾ-ਭਾਵ ਚੰਗੀ ਤਰ੍ਹਾਂ ਦੂਰ ਕਰ ਦੇਣਾ ਚਾਹੀਦਾ ਹੈ।
33236	777	ਓਹੁ ਧਨੁ ਭਾਗ ਸੁਧਾ ਜਿਨਿ ਪ੍ਰਭੁ ਲਧਾ ਹਮ ਤਿਸੁ ਪਹਿ ਆਪੁ ਵੇਚਾਇਆ॥	(ਸੁਧਾ)ਅੰਮ੍ਰਿਤ। ਸੁਧਾ:ਪੋਲਾ ਬੋਲੋ। ਲੱਧਾ	Ouhu Dhhan Bhaag Sudhhaa Jin Prabh Ladhhaa Ham This Pehi Aap Vaechaaeiaa ||	One who has found God is pure, with blessed destiny. I would sell myself to him.	ਹੇ ਭਾਈ! ਜਿਸ (ਮਨੁੱਖ) ਨੇ ਪਰਮਾਤਮਾ ਦਾ ਮਿਲਾਪ ਹਾਸਲ ਕਰ ਲਿਆ, ਉਹ ਸਲਾਹੁਣ-ਜੋਗ ਹੋ ਗਿਆ, ਉਸ ਦੇ ਚੰਗੇ ਭਾਗ ਹੋ ਗਏ। ਮੈਂ ਤਾਂ ਆਪਣਾ ਆਪ ਅਜਿਹੇ ਮਨੁੱਖ ਅੱਗੇ ਭੇਟ ਕਰ ਦਿੱਤਾ ਹੈ।

33237	777	ਨਾਨਕ ਦੀਨ ਸਰਣਿ ਸੁਖਸਾਗਰ ਰਾਖੁ ਲਾਜ ਅਪਨਾਇਆ॥੪॥੧॥		Naanak Dheen Saran Sukh Saagar Raakh Laaj Apanaaeiaa ||4||1||	Nanak, the meek and humble, seeks the Sanctuary of the Lord, the ocean of peace. Make him Your own, and preserve his honor. ||4||1||	ਹੇ ਨਾਨਕ! (ਆਖ-) ਹੇ ਗਰੀਬਾਂ ਦੀ ਸਹਾਇਤਾ ਕਰਨ ਵਾਲੇ! ਹੇ ਸੁਖਾਂ ਦੇ ਸਮੁੰਦਰ! (ਮੈਂ ਤੇਰੀ ਸਰਨ ਆਇਆ ਹਾਂ) ਆਪਣੇ ਸੇਵਕ ਦੀ ਲਾਜ ਰੱਖ ॥੪॥੧॥
33238	777	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
33239	777	ਹਰਿ ਚਰਣਕਮਲ ਕੀ ਟੇਕ ਸਤਿਗੁਰਿ ਦਿਤੀ ਤੁਸਿ ਕੈ ਬਲਿ ਰਾਮ ਜੀਉ॥	(ਤੁੱਸਿ)ਖ਼ੁਸ਼ ਹੋ ਕੇ	Har Charan Kamal Kee Ttaek Sathigur Dhithee Thus Kai Bal Raam Jeeo ||	The True Guru was satisfied with me, and blessed me with the Support of the Lord's Lotus Feet. I am a sacrifice to the Lord.	ਹੇ ਭਾਈ! ਮੈਂ ਸੋਹਣੇ ਪ੍ਰਭੂ ਤੋਂ ਸਦਕੇ ਜਾਂਦਾ ਹਾਂ (ਉਸ ਦੀ ਮਿਹਰ ਨਾਲ) ਗੁਰੂ ਨੇ ਮਿਹਰਵਾਨ ਹੋ ਕੇ ਮੈਨੂੰ ਉਸ ਦੇ ਸੋਹਣੇ ਚਰਨਾਂ ਦਾ ਆਸਰਾ ਦਿੱਤਾ ਹੈ।
33240	778	ਹਰਿ ਅੰਮ੍ਰਿਤਿ ਭਰੇ ਭੰਡਾਰ ਸਭੁ ਕਿਛੁ ਹੈ ਘਰਿ ਤਿਸ ਕੈ ਬਲਿ ਰਾਮ ਜੀਉ॥		Har Anmrith Bharae Bhanddaar Sabh Kishh Hai Ghar This Kai Bal Raam Jeeo ||	The Lord's Ambrosial Nectar is an overflowing treasure; everything is in His Home. I am a sacrifice to the Lord.	ਮੈਂ ਉਸ ਪ੍ਰਭੂ ਤੋਂ ਕੁਰਬਾਨ ਹਾਂ, ਉਸ ਦੇ ਘਰ ਵਿਚ ਹਰੇਕ ਪਦਾਰਥ ਮੌਜੂਦ ਹੈ, ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ (ਉਸ ਦੇ ਘਰ ਵਿਚ) ਖ਼ਜ਼ਾਨੇ ਭਰੇ ਪਏ ਹਨ।

33241	778	ਬਾਬੁਲੁ ਮੇਰਾ ਵਡ ਸਮਰਥਾ ਕਰਣ ਕਾਰਣ ਪ੍ਰਭੁ ਹਾਰਾ॥		Baabul Maeraa Vadd Samarathhaa Karan Kaaran Prabh Haaraa ||	My Father is absolutely all-powerful. God is the Doer, the Cause of causes.	ਹੇ ਭਾਈ! ਮੇਰਾ ਪ੍ਰਭੂ-ਪਿਤਾ ਬੜੀਆਂ ਤਾਕਤਾਂ ਦਾ ਮਾਲਕ ਹੈ, ਉਹ ਪ੍ਰਭੂ ਹਰੇਕ ਸਬਬ ਬਣਾ ਸਕਣ ਵਾਲਾ ਹੈ।
33242	778	ਜਿਸੁ ਸਿਮਰਤ ਦੁਖੁ ਕੋਈ ਨ ਲਾਗੈ ਭਉਜਲੁ ਪਾਰਿ ਉਤਾਰਾ॥		Jis Simarath Dhukh Koee N Laagai Bhoujal Paar Outhaaraa ||	Remembering Him in meditation, pain does not touch me; thus I cross over the terrifying world-ocean.	(ਉਹ ਐਸਾ ਹੈ) ਜਿਸ ਦਾ ਨਾਮ ਸਿਮਰਦਿਆਂ ਕੋਈ ਦੁੱਖ ਪੋਹ ਨਹੀਂ ਸਕਦਾ, (ਉਸ ਦਾ ਨਾਮ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ।
33243	778	ਆਦਿ ਜੁਗਾਦਿ ਭਗਤਨ ਕਾ ਰਾਖਾ ਉਸਤਤਿ ਕਰਿ ਕਰਿ ਜੀਵਾ॥		Aadh Jugaadh Bhagathan Kaa Raakhaa Ousathath Kar Kar Jeevaa ||	In the beginning, and throughout the ages, He is the Protector of His devotees. Praising Him continually, I live.	ਹੇ ਭਾਈ! ਜਗਤ ਦੇ ਸ਼ੁਰੂ ਤੋਂ ਹੀ (ਉਹ ਪ੍ਰਭੂ ਆਪਣੇ) ਭਗਤਾਂ ਦਾ ਰਾਖਾ (ਚਲਿਆ ਆ ਰਿਹਾ) ਹੈ। ਉਸ ਦੀ ਸਿਫ਼ਤਿ-ਸਾਲਾਹ ਕਰ ਕਰ ਕੇ ਮੈਂ ਆਤਮਕ ਜੀਵਨ ਹਾਸਲ ਕਰ ਰਿਹਾ ਹਾਂ।
33244	778	ਨਾਨਕ ਨਾਮੁ ਮਹਾ ਰਸੁ ਮੀਠਾ ਅਨ ਦਿਨੁ ਮਨਿ ਤਨਿ ਪੀਵਾ॥੧॥		Naanak Naam Mehaa Ras Meethaa Anadhin Man Than Peevaa ||1||	O Nanak, the Naam, the Name of the Lord, is the sweetest and most sublime essence. Night and day, I drink it in with my mind and body. ||1||	ਹੇ ਨਾਨਕ! (ਆਖ-ਹੇ ਭਾਈ! ਉਸ ਦਾ) ਨਾਮ ਮਿੱਠਾ ਹੈ, (ਸਭ ਰਸਾਂ ਨਾਲੋਂ) ਵੱਡਾ ਰਸ ਹੈ ਮੈਂ ਤਾਂ ਹਰ ਵੇਲੇ (ਉਹ ਨਾਮ ਰਸ ਆਪਣੇ) ਮਨ ਦੀ ਰਾਹੀਂ ਗਿਆਨ-ਇੰਦ੍ਰਿਆਂ ਦੀ ਰਾਹੀਂ ਪੀਂਦਾ ਰਹਿੰਦਾ ਹਾਂ ॥੧॥

33245	778	ਹਰਿ ਆਪੇ ਲਏ ਮਿਲਾਇ ਕਿਉ ਵੇਛੋੜਾ ਥੀਵਈ ਬਲਿ ਰਾਮ ਜੀਉ॥	ਥੀਵਈ	Har Aapae Leae Milaae Kio Vaeshhorraa Thheevee Bal Raam Jeeo ||	The Lord unites me with Himself; how could I feel any separation? I am a sacrifice to the Lord.	ਹੇ ਭਾਈ! ਮੈਂ ਸੋਹਣੇ ਪ੍ਰਭੂ ਤੋਂ ਸਦਕੇ ਜਾਂਦਾ ਹਾਂ, (ਜਿਸ ਮਨੁੱਖ ਨੂੰ) ਉਹ ਆਪ ਹੀ (ਆਪਣੇ ਚਰਨਾਂ ਨਾਲ) ਜੋੜਦਾ ਹੈ (ਉਸ ਮਨੁੱਖ ਨੂੰ ਪ੍ਰਭੂ ਨਾਲੋਂ) ਫਿਰ ਕਦੇ ਵਿਛੋੜਾ ਨਹੀਂ ਹੁੰਦਾ। ਹੇ ਰਾਮ! ਮੈਂ ਤੈਥੋਂ ਕੁਰਬਾਨ ਹਾਂ।
33246	778	ਜਿਸ ਨੋ ਤੇਰੀ ਟੇਕ ਸੋ ਸਦਾ ਸਦ ਜੀਵਈ ਬਲਿ ਰਾਮ ਜੀਉ॥	ਜੀਵ-ਈ-	Jis No Thaeree Ttaek So Sadhaa Sadh Jeevee Bal Raam Jeeo ||	One who has Your Support lives forever and ever. I am a sacrifice to the Lord.	ਜਿਸ ਮਨੁੱਖ ਨੂੰ ਤੇਰਾ ਸਹਾਰਾ ਮਿਲ ਜਾਂਦਾ ਹੈ, ਉਹ ਸਦਾ ਹੀ ਆਤਮਕ ਜੀਵਨ ਹਾਸਲ ਕਰੀ ਰੱਖਦਾ ਹੈ।
33247	778	ਤੇਰੀ ਟੇਕ ਤੁਝੈ ਤੇ ਪਾਈ ਸਾਚੇ ਸਿਰਜਣਹਾਰਾ॥		Thaeree Ttaek Thujhai Thae Paaee Saachae Sirajanehaaraa ||	I take my support from You alone, O True Creator Lord.	ਪਰ, ਹੇ ਸਦਾ ਕਾਇਮ ਰਹਿਣ ਵਾਲੇ ਅਤੇ ਸਭ ਦੇ ਪੈਦਾ ਕਰਨ ਵਾਲੇ! ਤੇਰਾ ਆਸਰਾ ਮਿਲਦਾ ਭੀ ਤੇਰੇ ਹੀ ਪਾਸੋਂ ਹੈ।
33248	778	ਜਿਸ ਤੇ ਖਾਲੀ ਕੋਈ ਨਾਹੀ ਐਸਾ ਪ੍ਰਭੂ ਹਮਾਰਾ॥		Jis Thae Khaalee Koee Naahee Aisaa Prabhoo Hamaaraa ||	No one lacks this Support; such is my God.	ਤੂੰ ਇਹੋ ਜਿਹਾ ਸਾਡਾ ਮਾਲਕ ਹੈਂ, ਜਿਸ (ਦੇ ਦਰ) ਤੋਂ ਕਦੇ ਕੋਈ ਖ਼ਾਲੀ (ਬੇ-ਮੁਰਾਦ) ਨਹੀਂ ਜਾਂਦਾ।
33249	778	ਸੰਤ ਜਨਾ ਮਿਲਿ ਮੰਗਲੁ ਗਾਇਆ ਦਿਨੁ ਰੈਨਿ ਆਸ ਤੁਮ੍ਹਾਰੀ॥		Santh Janaa Mil Mangal Gaaeiaa Dhin Rain Aas Thumhaaree ||	Meeting with the humble Saints, I sing the songs of joy; day and night, I place my hopes in You.	ਹੇ ਪ੍ਰਭੂ! ਤੇਰੇ ਸੰਤ ਜਨ ਮਿਲ ਕੇ (ਸਦਾ ਤੇਰੀ) ਸਿਫ਼ਤਿ-ਸਾਲਾਹ ਦਾ ਗੀਤ ਗਾਂਦੇ ਹਨ, (ਉਹਨਾਂ ਨੂੰ) ਦਿਨ ਰਾਤ ਤੇਰੀ (ਸਹਾਇਤਾ ਦੀ) ਹੀ ਆਸ ਰਹਿੰਦੀ ਹੈ।

33250	778	ਸਫਲੁ ਦਰਸੁ ਭੇਟਿਆ ਗੁਰੁ ਪੂਰਾ ਨਾਨਕ ਸਦ ਬਲਿਹਾਰੀ॥੨॥		Safal Dharas Bhaettiaa Gur Pooraa Naanak Sadh Balihaaree ||2||	I have obtained the Blessed Vision, the Darshan of the Perfect Guru. Nanak is forever a sacrifice. ||2||	ਹੇ ਨਾਨਕ! (ਆਖ-ਹੇ ਪ੍ਰਭੂ!) ਮੈਂ ਤੈਥੋਂ ਸਦਾ ਸਦਕੇ ਹਾਂ (ਤੇਰੀ ਹੀ ਮਿਹਰ ਨਾਲ ਉਹ) ਪੂਰਾ ਗੁਰੂ ਮਿਲਦਾ ਹੈ ਜਿਸ ਦਾ ਦੀਦਾਰ ਹਰੇਕ ਮੁਰਾਦ ਪੂਰੀ ਕਰਨ ਵਾਲਾ ਹੈ ॥੨॥
33251	778	ਸੰਮ੍ਲਿਆ ਸਚੁ ਥਾਨੁ ਮਾਨੁ ਮਹਤੁ ਸਚੁ ਪਾਇਆ ਬਲਿ ਰਾਮ ਜੀਉ॥	ਮ-ਹੱਤੁ	Sanmhaliaa Sach Thhaan Maan Mehath Sach Paaeiaa Bal Raam Jeeo ||	Contemplating, dwelling upon the Lord's true home, I receive honor, greatness and truth. I am a sacrifice to the Lord.	ਹੇ ਭਾਈ! ਮੈਂ ਪ੍ਰਭੂ ਜੀ ਤੋਂ ਸਦਕੇ ਜਾਂਦਾ ਹਾਂ। ਉਸ ਨੇ ਸਦਾ-ਥਿਰ ਪ੍ਰਭੂ ਦਾ ਦਰ ਮੱਲ ਲਿਆ, ਉਸ ਨੂੰ ਸਦਾ-ਥਿਰ ਪ੍ਰਭੂ ਮਿਲ ਪਿਆ, (ਉਸ ਨੂੰ ਪ੍ਰਭੂ ਦੇ ਦਰ ਤੋਂ) ਮਾਣ ਮਿਲਿਆ, ਵਡਿਆਈ ਮਿਲੀ,
33252	778	ਸਤਿਗੁਰੁ ਮਿਲਿਆ ਦਇਆਲੁ ਗੁਣ ਅਬਿਨਾਸੀ ਗਾਇਆ ਬਲਿ ਰਾਮ ਜੀਉ॥		Sathigur Miliaa Dhaeiaal Gun Abinaasee Gaaeiaa Bal Raam Jeeo ||	Meeting the Merciful True Guru, I sing the Praises of the Imperishable Lord. I am a sacrifice to the Lord.	ਜਿਸ ਨੂੰ (ਪ੍ਰਭੂ ਦੀ ਮਿਹਰ ਨਾਲ) ਦਇਆ ਦਾ ਸੋਮਾ ਗੁਰੂ ਮਿਲ ਪਿਆ, ਉਸ ਨੇ ਅਬਿਨਾਸੀ ਪ੍ਰਭੂ ਦੇ ਗੁਣ ਗਾਣੇ ਸ਼ੁਰੂ ਕਰ ਦਿੱਤੇ।
33253	778	ਗੁਣ ਗੋਵਿੰਦ ਗਾਉ ਨਿਤ ਨਿਤ ਪ੍ਰਾਣ ਪ੍ਰੀਤਮ ਸੁਆਮੀਆ॥		Gun Govindh Gaao Nith Nith Praan Preetham Suaameeaa ||	Sing the Glorious Praises of the Lord of the Universe, continually, continuously; He is the Beloved Master of the breath of life.	ਹੇ ਭਾਈ! ਜਿੰਦ ਦੇ ਮਾਲਕ ਪ੍ਰੀਤਮ ਪ੍ਰਭੂ ਦੇ ਗੁਣ ਸਦਾ ਹੀ ਗਾਇਆ ਕਰੋ।

33254	778	ਸੁਭ ਦਿਵਸ ਆਏ ਗਹਿ ਕੰਠਿ ਲਾਏ ਮਿਲੇ ਅੰਤਰਜਾਮੀਆ॥		Subh Dhivas Aaeae Gehi Kanth Laaeae Milae Antharajaameeaa ||	Good times have come; the Inner-knower, the Searcher of hearts, has met me, and hugged me close in His Embrace.	(ਜਿਹੜਾ ਮਨੁੱਖ ਗੁਣ ਗਾਂਦਾ ਹੈ, ਉਸ ਦੇ ਵਾਸਤੇ ਜ਼ਿੰਦਗੀ ਦੇ) ਸੋਹਣੇ ਦਿਹਾੜੇ ਆਏ ਰਹਿੰਦੇ ਹਨ, ਉਸ ਨੂੰ ਪ੍ਰਭੂ ਜੀ ਆਪਣੇ ਗਲ ਨਾਲ ਲਾਈ ਰੱਖਦੇ ਹਨ, ਸਭ ਦੇ ਦਿਲ ਦੀ ਜਾਣਨ ਵਾਲੇ ਪ੍ਰਭੂ ਜੀ ਉਸ ਨੂੰ ਮਿਲ ਪੈਂਦੇ ਹਨ।
33255	778	ਸਤੁ ਸੰਤੋਖੁ ਵਜਹਿ ਵਾਜੇ ਅਨਹਦਾ ਝੁਣਕਾਰੇ॥	ਵੱਜਹਿ	Sath Santhokh Vajehi Vaajae Anehadhaa Jhunakaarae ||	The musical instruments of truth and contentment vibrate, and the unstruck melody of the sound current resounds.	(ਉਸ ਮਨੁੱਖ ਦੇ ਅੰਦਰ) ਉੱਚਾ ਆਚਰਨ ਅਤੇ ਸੰਤੋਖ (ਹਰ ਵੇਲੇ ਆਪਣਾ ਪੂਰਾ ਪ੍ਰਭਾਵ ਪਾਈ ਰੱਖਦੇ ਹਨ, ਮਾਨੋ, ਸਤ ਸੰਤੋਖ ਦੇ ਅੰਦਰ) ਵਾਜੇ ਵੱਜ ਰਹੇ ਹਨ, (ਸਤ ਸੰਤੋਖ ਦੀ ਉਸ ਦੇ ਅੰਦਰ) ਇਕ-ਰਸ ਮਿੱਠੀ ਲੈ ਬਣੀ ਰਹਿੰਦੀ ਹੈ।
33256	778	ਸੁਣਿ ਭੈ ਬਿਨਾਸੇ ਸਗਲ ਨਾਨਕ ਪ੍ਰਭ ਪੁਰਖ ਕਰਣੈਹਾਰੇ॥੩॥		Sun Bhai Binaasae Sagal Naanak Prabh Purakh Karanaihaarae ||3||	Hearing this, all my fears have been dispelled; O Nanak, God is the Primal Being, the Creator Lord. ||3||	ਹੇ ਨਾਨਕ! ਸਭ ਕੁਝ ਕਰਨ ਦੀ ਸਮਰਥਾ ਵਾਲੇ ਪ੍ਰਭੂ ਅਕਾਲ ਪੁਰਖ ਦੇ ਗੁਣ ਸੁਣ ਕੇ (ਮਨੁੱਖ ਦੇ) ਸਾਰੇ ਡਰ ਨਾਸ ਹੋ ਜਾਂਦੇ ਹਨ ॥੩॥

33257	778	ਉਪਜਿਆ ਤਤੁ ਗਿਆਨੁ ਸਾਹੁਰੈ ਪੇਈਐ ਇਕੁ ਹਰਿ ਬਲਿ ਰਾਮ ਜੀਉ॥		Oupajiaa Thath Giaan Saahurai Paeeeai Eik Har Bal Raam Jeeo ||	The essence of spiritual wisdom has welled up; in this world, and the next, the One Lord is pervading. I am a sacrifice to the Lord.	ਹੇ ਭਾਈ! ਮੈਂ ਪ੍ਰਭੂ ਜੀ ਤੋਂ ਸਦਕੇ ਜਾਂਦਾ ਹਾਂ। (ਜਿਹੜਾ ਮਨੁੱਖ ਉਸ ਪ੍ਰਭੂ ਨੂੰ ਸਦਾ ਸਿਮਰਦਾ ਹੈ, ਉਸ ਦੇ ਅੰਦਰ) ਅਸਲ ਆਤਮਕ ਜੀਵਨ ਦੀ ਸੂਝ ਪੈਦਾ ਹੋ ਜਾਂਦੀ ਹੈ, (ਉਸ ਨੂੰ) ਇਸ ਲੋਕ ਤੇ ਪਰਲੋਕ ਵਿਚ ਉਹੀ ਪਰਮਾਤਮਾ ਦਿੱਸਦਾ ਹੈ।
33258	778	ਬ੍ਰਹਮੈ ਬ੍ਰਹਮੁ ਮਿਲਿਆ ਕੋਇ ਨ ਸਾਕੈ ਭਿੰਨ ਕਰਿ ਬਲਿ ਰਾਮ ਜੀਉ॥		Brehamai Breham Miliaa Koe N Saakai Bhinn Kar Bal Raam Jeeo ||	When God meets the God within the self, no one can separate them. I am a sacrifice to the Lord.	ਉਸ ਜੀਵ ਨੂੰ ਪਰਮਾਤਮਾ (ਇਉਂ) ਮਿਲ ਪੈਂਦਾ ਹੈ ਕਿ ਕੋਈ (ਪਰਮਾਤਮਾ ਨਾਲੋਂ ਉਸ ਦਾ) ਨਿਖੇੜਾ ਨਹੀਂ ਕਰ ਸਕਦਾ।
33259	778	ਬਿਸਮੁ ਪੇਖੈ ਬਿਸਮੁ ਸੁਣੀਐ ਬਿਸਮਾਦੁ ਨਦਰੀ ਆਇਆ॥		Bisam Paekhai Bisam Suneeai Bisamaadh Nadharee Aaeiaa ||	I gaze upon the Wondrous Lord, and listen to the Wondrous Lord; the Wondrous Lord has come into my vision.	(ਉਹ ਮਨੁੱਖ ਹਰ ਥਾਂ) ਉਸ ਅਸਚਰਜ-ਰੂਪ ਪ੍ਰਭੂ ਨੂੰ ਵੇਖਦਾ ਹੈ, (ਉਹੀ ਹਰ ਥਾਂ ਬੋਲਦਾ ਉਸ ਨੂੰ) ਸੁਣੀਦਾ ਹੈ, ਹਰ ਥਾਂ ਉਹੀ ਉਸ ਨੂੰ ਦਿੱਸਦਾ ਹੈ।
33260	778	ਜਲਿ ਥਲਿ ਮਹੀਅਲਿ ਪੂਰਨ ਸੁਆਮੀ ਘਟਿ ਘਟਿ ਰਹਿਆ ਸਮਾਇਆ॥		Jal Thhal Meheeal Pooran Suaamee Ghatt Ghatt Rehiaa Samaaeiaa ||	The Perfect Lord and Master is pervading the water, the land and the sky, in each and every heart.	ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ ਪਰਮਾਤਮਾ ਹੀ ਉਸ ਨੂੰ ਵਿਆਪਕ ਦਿੱਸਦਾ ਹੈ)।

33261	778	ਜਿਸ ਤੇ ਉਪਜਿਆ ਤਿਸੁ ਮਾਹਿ ਸਮਾਇਆ ਕੀਮਤਿ ਕਹਣੁ ਨ ਜਾਏ॥		Jis Thae Oupajiaa This Maahi Samaaeiaa Keemath Kehan N Jaaeae ||	I have merged again into the One from whom I originated. The value of this cannot be described.	ਜਿਸ ਪਰਮਾਤਮਾ ਤੋਂ ਉਹ ਪੈਦਾ ਹੋਇਆ ਹੈ (ਸਿਮਰਨ ਦੀ ਬਰਕਤਿ ਨਾਲ) ਉਸ ਵਿਚ (ਹਰ ਵੇਲੇ) ਲੀਨ ਰਹਿੰਦਾ ਹੈ। ਉਸ ਮਨੁੱਖ ਦੀ ਉੱਚੀ ਹੋ ਚੁਕੀ ਆਤਮਕ ਅਵਸਥਾ ਦਾ ਮੁੱਲ ਨਹੀਂ ਪੈ ਸਕਦਾ,
33262	778	ਜਿਸ ਕੇ ਚਲਤ ਨ ਜਾਹੀ ਲਖਣੇ ਨਾਨਕ ਤਿਸਹਿ ਧਿਆਏ॥੪॥੨॥	ਲਖਣੇ:ਪੋਲਾ ਬੋਲੋ	Jis Kae Chalath N Jaahee Lakhanae Naanak Thisehi Dhhiaaeae ||4||2||	Nanak meditates on Him. ||4||2||	(ਜਿਹੜਾ ਮਨੁੱਖ ਸਦਾ) ਉਸ ਦਾ ਹੀ ਧਿਆਨ ਧਰਦਾ ਹੈ। ਹੇ ਨਾਨਕ! (ਆਖ-ਹੇ ਭਾਈ!) ਉਸ ਪਰਮਾਤਮਾ ਦੇ ਚੋਜ-ਤਮਾਸ਼ੇ ਬਿਆਨ ਨਹੀਂ ਕੀਤੇ ਜਾ ਸਕਦੇ ॥੪॥੨॥
33263	778	ਰਾਗੁ ਸੂਹੀ ਛੰਤ ਮਹਲਾ ੫ ਘਰੁ ੨		Raag Soohee Shhanth Mehalaa 5 Ghar 2	Raag Soohee, Chhant, Fifth Mehl, Second House:	ਰਾਗ ਸੂਹੀ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ' (ਛੰਦ)।
33264	778	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
33265	778	ਗੋਬਿੰਦ ਗੁਣ ਗਾਵਣ ਲਾਗੇ॥		Gobindh Gun Gaavan Laagae ||	I sing the Glorious Praises of the Lord of the Universe.	ਹੇ ਭਾਈ! ਉਹ ਮਨੁੱਖ ਪਰਮਾਤਮਾ ਦੇ ਗੁਣ ਗਾਣ ਲੱਗ ਪੈਂਦੇ ਹਨ,
33266	778	ਹਰਿ ਰੰਗਿ ਅਨ ਦਿਨੁ ਜਾਗੇ॥		Har Rang Anadhin Jaagae ||	I am awake, night and day, in the Lord's Love.	ਪਰਮਾਤਮਾ ਦੇ ਪ੍ਰੇਮ-ਰੰਗ ਵਿਚ (ਟਿਕ ਕੇ) ਉਹ ਹਰ ਵੇਲੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੇ ਹਨ,

33267	778	ਹਰਿ ਰੰਗਿ ਜਾਗੇ ਪਾਪ ਭਾਗੇ ਮਿਲੇ ਸੰਤ ਪਿਆਰਿਆ॥		Har Rang Jaagae Paap Bhaagae Milae Santh Piaariaa ||	Awake to the Lord's Love, my sins have left me. I meet with the Beloved Saints.	ਜਿਹੜੇ ਮਨੁੱਖ ਪਿਆਰੇ ਗੁਰੂ ਨੂੰ ਮਿਲ ਪੈਂਦੇ ਹਨ। (ਜਿਉਂ ਜਿਉਂ) ਉਹ ਪ੍ਰਭੂ ਦੇ ਪਿਆਰ-ਰੰਗ ਵਿਚ (ਟਿਕ ਕੇ) ਸੁਚੇਤ ਹੁੰਦੇ ਹਨ, (ਉਹਨਾਂ ਦੇ ਅੰਦਰੋਂ) ਸਾਰੇ ਪਾਪ ਭੱਜ ਜਾਂਦੇ ਹਨ।
33268	778	ਗੁਰ ਚਰਣ ਲਾਗੇ ਭਰਮ ਭਾਗੇ ਕਾਜ ਸਗਲ ਸਵਾਰਿਆ॥		Gur Charan Laagae Bharam Bhaagae Kaaj Sagal Savaariaa ||	Attached to the Guru's Feet, my doubts are dispelled, and all my affairs are resolved.	ਹੇ ਭਾਈ! ਜਿਹੜੇ ਮਨੁੱਖ ਗੁਰੂ ਦੀ ਚਰਨੀਂ ਲੱਗਦੇ ਹਨ, ਉਹਨਾਂ ਦੀਆਂ ਸਾਰੀਆਂ ਭਟਕਣਾ ਦੂਰ ਹੋ ਜਾਂਦੀਆਂ ਹਨ, ਉਹਨਾਂ ਦੇ ਸਾਰੇ ਕੰਮ ਭੀ ਸੰਵਰ ਜਾਂਦੇ ਹਨ।
33269	778	ਸੁਣਿ ਸ੍ਰਵਣ ਬਾਣੀ ਸਹਜਿ ਜਾਣੀ ਹਰਿ ਨਾਮੁ ਜਪਿ ਵਡਭਾਗੈ॥		Sun Sravan Baanee Sehaj Jaanee Har Naam Jap Vaddabhaagai ||	Listening to the Word of the Guru's Bani with my ears, I know celestial peace. By great good fortune, I meditate on the Lord's Name.	ਜਿਹੜਾ ਮਨੁੱਖ ਵੱਡੀ ਕਿਸਮਤ ਨਾਲ ਸਤਿਗੁਰੂ ਦੀ ਬਾਣੀ ਕੰਨੀਂ ਸੁਣ ਕੇ ਪਰਮਾਤਮਾ ਦਾ ਨਾਮ ਜਪ ਕੇ ਆਤਮਕ ਅਡੋਲਤਾ ਵਿਚ (ਟਿਕ ਕੇ ਪਰਮਾਤਮਾ ਨਾਲ) ਡੂੰਘੀ ਸਾਂਝ ਪਾਂਦਾ ਹੈ,
33270	778	ਬਿਨਵੰਤਿ ਨਾਨਕ ਸਰਣਿ ਸੁਆਮੀ ਜੀਉ ਪਿੰਡੁ ਪ੍ਰਭ ਆਗੈ॥੧॥		Binavanth Naanak Saran Suaamee Jeeo Pindd Prabh Aagai ||1||	Prays Nanak, I have entered my Lord and Master's Sanctuary. I dedicate my body and soul to God. ||1||	ਨਾਨਕ ਬੇਨਤੀ ਕਰਦਾ ਹੈ- ਉਹ ਮਨੁੱਖ ਮਾਲਕ-ਪ੍ਰਭੂ ਦੀ ਸਰਨ ਪੈ ਕੇ ਆਪਣੀ ਜਿੰਦ ਆਪਣਾ ਸਰੀਰ (ਸਭ ਕੁਝ) ਪਰਮਾਤਮਾ ਦੇ ਅੱਗੇ (ਰੱਖ ਦੇਂਦਾ ਹੈ) ॥੧॥
33271	778	ਅਨਹਤ ਸਬਦੁ ਸੁਹਾਵਾ॥		Anehath Sabadh Suhaavaa ||	The unstruck melody of the Shabad, the Word of God is so very beautiful.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਹਰ ਵੇਲੇ ਗਾਂਵਿਆਂ,

33272	778	ਸਚੁ ਮੰਗਲੁ ਹਰਿ ਜਸੁ ਗਾਵਾ॥		Sach Mangal Har Jas Gaavaa ||	True joy comes from singing the Lord's Praises.	ਉਹਨਾਂ ਨੂੰ ਸਿਫ਼ਤਿ-ਸਾਲਾਹ ਦੀ ਬਾਣੀ ਹਰ ਵੇਲੇ ਇਕ-ਰਸ (ਕੰਨਾਂ ਨੂੰ) ਸੁਖਦਾਈ ਲੱਗਣ ਲੱਗ ਪੈਂਦੀ ਹੈ।
33273	778	ਗੁਣ ਗਾਇ ਹਰਿ ਹਰਿ ਦੂਖ ਨਾਸੇ ਰਹਸੁ ਉਪਜੈ ਮਨਿ ਘਣਾ॥	ਨੱਾਸੇ। ਰਹ-ਸ:ਪੋਲਾ ਬੋਲੋ	Gun Gaae Har Har Dhookh Naasae Rehas Oupajai Man Ghanaa ||	Singing the Glorious Praises of the Lord, Har, Har, pain is dispelled, and my mind is filled with tremendous joy.	ਪਰਮਾਤਮਾ ਦੇ ਗੁਣ ਗਾ ਗਾ ਕੇ (ਉਹਨਾਂ ਦੇ ਸਾਰੇ) ਦੁੱਖ ਨਾਸ ਹੋ ਜਾਂਦੇ ਹਨ, (ਉਹਨਾਂ ਦੇ) ਮਨ ਵਿਚ ਬਹੁਤ ਆਨੰਦ ਪੈਦਾ ਹੋ ਜਾਂਦਾ ਹੈ।
33274	778	ਮਨੁ ਤੰਨੁ ਨਿਰਮਲੁ ਦੇਖਿ ਦਰਸਨੁ ਨਾਮੁ ਪ੍ਰਭ ਕਾ ਮੁਖਿ ਭਣਾ॥		Man Thann Niramal Dhaekh Dharasan Naam Prabh Kaa Mukh Bhanaa ||	My mind and body have become immaculate and pure, gazing upon the Blessed Vision of the Lord's Darshan; I chant the Name of God.	ਹੇ ਭਾਈ! ਜਿਹੜੇ ਮਨੁੱਖ (ਆਪਣੇ) ਮੂੰਹ ਨਾਲ ਪਰਮਾਤਮਾ ਦਾ ਨਾਮ ਉਚਾਰਦੇ ਰਹਿੰਦੇ ਹਨ, (ਉਹਨਾਂ ਦਾ) ਦਰਸਨ ਕਰ ਕੇ ਮਨ ਪਵਿੱਤਰ ਹੋ ਜਾਂਦਾ ਹੈ ਸਰੀਰ ਪਵਿੱਤਰ ਹੋ ਜਾਂਦਾ ਹੈ।
33275	779	ਹੋਇ ਰੇਣ ਸਾਧੂ ਪ੍ਰਭ ਅਰਾਧੂ ਆਪਣੇ ਪ੍ਰਭ ਭਾਵਾ॥		Hoe Raen Saadhhoo Prabh Araadhhoo Aapanae Prabh Bhaavaa ||	I am the dust of the feet of the Holy. Worshipping God in adoration, my God is pleased with me.	ਗੁਰੂ ਦੀ ਚਰਨ-ਧੂੜ ਹੋ ਕੇ ਜਿਹੜਾ ਮਨੁੱਖ ਪਰਮਾਤਮਾ ਦਾ ਆਰਾਧਨ ਕਰਦੇ ਰਹਿੰਦੇ ਹਨ, ਉਹ ਮਨੁੱਖ ਆਪਣੇ ਪ੍ਰਭੂ ਨੂੰ ਪਿਆਰੇ ਲੱਗਣ ਲੱਗ ਪੈਂਦੇ ਹਨ।

33276	779	ਬਿਨਵੰਤਿ ਨਾਨਕ ਦਇਆ ਧਾਰਹੁ ਸਦਾ ਹਰਿ ਗੁਣ ਗਾਵਾ॥੨॥		Binavanth Naanak Dhaeiaa Dhhaarahu Sadhaa Har Gun Gaavaa ||2||	Prays Nanak, please bless me with Your Mercy, that I may sing Your Glorious Praises forever. ||2||	ਨਾਨਕ ਬੇਨਤੀ ਕਰਦਾ ਹੈ-ਹੇ ਪ੍ਰਭੂ! (ਮੇਰੇ ਉੱਤੇ) ਮਿਹਰ ਕਰ, ਮੈਂ (ਭੀ) ਸਦਾ ਤੇਰੇ ਗੁਣ ਗਾਂਦਾ ਰਹਾਂ ॥੨॥
33277	779	ਗੁਰ ਮਿਲਿ ਸਾਗਰੁ ਤਰਿਆ॥		Gur Mil Saagar Thariaa ||	Meeting with the Guru, I cross over the world-ocean.	ਹੇ ਭਾਈ! ਗੁਰੂ ਨੂੰ ਮਿਲ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘਿਆ ਜਾ ਸਕਦਾ ਹੈ,
33278	779	ਹਰਿ ਚਰਣ ਜਪਤ ਨਿਸਤਰਿਆ॥		Har Charan Japath Nisathariaa ||	Meditating on the Lord's Feet, I am emancipated.	ਪਰਮਾਤਮਾ ਦਾ ਨਾਮ ਜਪਦਿਆਂ ਸੰਸਾਰ-ਸਮੁੰਦਰ ਤੋਂ ਪਾਰ ਲੰਘਿਆ ਜਾ ਸਕਦਾ ਹੈ।
33279	779	ਹਰਿ ਚਰਣ ਧਿਆਏ ਸਭਿ ਫਲ ਪਾਏ ਮਿਟੇ ਆਵਣ ਜਾਣਾ॥		Har Charan Dhhiaaeae Sabh Fal Paaeae Mittae Aavan Jaanaa ||	Meditating on the Lord's Feet, I have obtained the fruits of all rewards, and my comings and goings have ceased.	ਜਿਹੜਾ ਮਨੁੱਖ ਪਰਮਾਤਮਾ ਦੇ ਚਰਨਾਂ ਵਿਚ ਸੁਰਤ ਜੋੜੀ ਰੱਖਦਾ ਹੈ ਉਹ ਸਾਰੀਆਂ ਮੂੰਹ-ਮੰਗੀਆਂ ਮੁਰਾਦਾਂ ਪ੍ਰਾਪਤ ਕਰ ਲੈਂਦਾ ਹੈ, ਉਸ ਦੇ ਜਨਮ ਮਰਨ ਦੇ ਗੇੜ (ਭੀ) ਮਿਟ ਜਾਂਦੇ ਹਨ।
33280	779	ਭਾਇ ਭਗਤਿ ਸੁਭਾਇ ਹਰਿ ਜਪਿ ਆਪਣੇ ਪ੍ਰਭ ਭਾਵਾ॥		Bhaae Bhagath Subhaae Har Jap Aapanae Prabh Bhaavaa ||	With loving devotional worship, I meditate intuitively on the Lord, and my God is pleased.	ਪਿਆਰ ਦੀ ਰਾਹੀਂ ਭਗਤੀ ਵਾਲੇ ਸੁਭਾਉ ਦੀ ਰਾਹੀਂ ਪਰਮਾਤਮਾ ਦਾ ਨਾਮ ਜਪ ਕੇ ਉਹ ਮਨੁੱਖ ਆਪਣੇ ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ।

33281	779	ਜਪਿ ਏਕੁ ਅਲਖ ਅਪਾਰ ਪੂਰਨ ਤਿਸੁ ਬਿਨਾ ਨਹੀ ਕੋਈ॥		Jap Eaek Alakh Apaar Pooran This Binaa Nehee Koee ||	Meditate on the One, Unseen, Infinite, Perfect Lord; there is no other than Him.	ਹੇ ਭਾਈ! ਅਦ੍ਰਿਸ਼ਟ ਬੇਅੰਤ ਅਤੇ ਸਰਬ-ਵਿਆਪਕ ਪਰਮਾਤਮਾ ਦਾ ਨਾਮ ਜਪਿਆ ਕਰ, ਉਸ ਤੋਂ ਬਿਨਾ ਹੋਰ ਕੋਈ ਨਹੀਂ ਹੈ।
33282	779	ਬਿਨਵੰਤਿ ਨਾਨਕ ਗੁਰਿ ਭਰਮੁ ਖੋਇਆ ਜਤ ਦੇਖਾ ਤਤ ਸੋਈ॥੩॥		Binavanth Naanak Gur Bharam Khoeiaa Jath Dhaekhaa Thath Soee ||3||	Prays Nanak, the Guru has erased my doubts; wherever I look, there I see Him. ||3||	ਨਾਨਕ ਬੇਨਤੀ ਕਰਦਾ ਹੈ-ਗੁਰੂ ਨੇ (ਮੇਰੀ) ਭਟਕਣਾ ਦੂਰ ਕਰ ਦਿੱਤੀ ਹੈ, (ਹੁਣ) ਮੈਂ ਜਿਧਰ ਵੇਖਦਾ ਹਾਂ, ਉਧਰ ਉਹ (ਪਰਮਾਤਮਾ) ਹੀ (ਦਿੱਸਦਾ ਹੈ) ॥੩॥
33283	779	ਪਤਿਤ ਪਾਵਨ ਹਰਿ ਨਾਮਾ॥		Pathith Paavan Har Naamaa ||	The Lord's Name is the Purifier of sinners.	ਹੇ ਭਾਈ! ਪਰਮਾਤਮਾ ਦਾ ਨਾਮ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ ਹੈ,
33284	779	ਪੂਰਨ ਸੰਤ ਜਨਾ ਕੇ ਕਾਮਾ॥		Pooran Santh Janaa Kae Kaamaa ||	It resolves the affairs of the humble Saints.	ਅਤੇ ਸੰਤ ਜਨਾਂ ਦੇ ਸਾਰੇ ਕੰਮ ਸਿਰੇ ਚੜ੍ਹਾਨ ਵਾਲਾ ਹੈ।
33285	779	ਗੁਰੁ ਸੰਤੁ ਪਾਇਆ ਪ੍ਰਭੁ ਧਿਆਇਆ ਸਗਲ ਇਛਾ ਪੁੰਨੀਆ॥		Gur Santh Paaeiaa Prabh Dhhiaaeiaa Sagal Eishhaa Punneeaa ||	I have found the Saintly Guru, meditating on God. All my desires have been fulfilled.	ਜਿਨ੍ਹਾਂ ਨੂੰ ਸੰਤ-ਗੁਰੂ ਮਿਲ ਪਿਆ, ਉਹਨਾਂ ਨੇ ਪ੍ਰਭੂ ਦਾ ਨਾਮ ਸਿਮਰਨਾ ਸ਼ੁਰੂ ਕਰ ਦਿੱਤਾ, ਉਹਨਾਂ ਦੀਆਂ ਸਾਰੀਆਂ ਮੁਰਾਦਾਂ ਪੂਰੀਆਂ ਹੋਣ ਲੱਗ ਪਈਆਂ।

33286	779	ਹਉ ਤਾਪ ਬਿਨਸੇ ਸਦਾ ਸਰਸੇ ਪ੍ਰਭ ਮਿਲੇ ਚਿਰੀ ਵਿਛੁੰਨਿਆ॥		Ho Thaap Binasae Sadhaa Sarasae Prabh Milae Chiree Vishhunniaa ||	The fever of egotism has been dispelled, and I am always happy. I have met God, from whom I was separated for so long.	(ਉਹਨਾਂ ਦੇ ਅੰਦਰੋਂ) ਹਉਮੈ ਦੇ ਕਲੇਸ਼ ਨਾਸ ਹੋ ਗਏ, ਉਹ ਸਦਾ ਖਿੜੇ-ਮੱਥੇ ਰਹਿਣ ਲੱਗ ਪਏ, ਚਿਰਾਂ ਦੇ ਵਿੱਛੁੜੇ ਹੋਏ ਉਹ ਪ੍ਰਭੂ ਨੂੰ ਮਿਲ ਪਏ।
33287	779	ਮਨਿ ਸਾਤਿ ਆਈ ਵਜੀ ਵਧਾਈ ਮਨਹੁ ਕਦੇ ਨ ਵੀਸਰੈ॥		Man Saath Aaee Vajee Vadhhaaee Manahu Kadhae N Veesarai ||	My mind has found peace and tranquility; congratulations are pouring in. I shall never forget Him from my mind.	ਉਹਨਾਂ ਦੇ ਮਨ ਵਿਚ (ਸਿਮਰਨ ਦੀ ਬਰਕਤਿ ਨਾਲ) ਠੰਢ ਪੈ ਗਈ, ਉਹਨਾਂ ਦੇ ਅੰਦਰ ਚੜ੍ਹਦੀ ਕਲਾ ਪ੍ਰਬਲ ਹੋ ਗਈ, ਪਰਮਾਤਮਾ ਦਾ ਨਾਮ ਉਹਨਾਂ ਨੂੰ ਕਦੇ ਨਹੀਂ ਭੁੱਲਦਾ।
33288	779	ਬਿਨਵੰਤਿ ਨਾਨਕ ਸਤਿਗੁਰਿ ਦ੍ਰਿੜਾਇਆ ਸਦਾ ਭਜੁ ਜਗਦੀਸਰੈ॥੪॥੧॥੩॥	ਜੱਗਦੀਸਰੈ। ਭਜੁ:ਪੋਲਾ ਬੋਲੋ	Binavanth Naanak Sathigur Dhrirraaeiaa Sadhaa Bhaj Jagadheesarai ||4||1||3||	Prays Nanak, the True Guru has taught me this, to vibrate and meditate forever on the Lord of the Universe. ||4||1||3||	ਨਾਨਕ ਬੇਨਤੀ ਕਰਦਾ ਹੈ-(ਹੇ ਭਾਈ! ਗੁਰੂ ਨੇ (ਇਹ ਗੱਲ ਹਿਰਦੇ ਵਿਚ) ਪੱਕੀ ਕਰ ਦਿੱਤੀ ਹੈ ਕਿ ਸਦਾ ਜਗਤ ਦੇ ਮਾਲਕ ਦਾ ਨਾਮ ਜਪਦੇ ਰਿਹਾ ਕਰੋ ॥੪॥੧॥੩॥
33289	779	ਰਾਗੁ ਸੂਹੀ ਛੰਤ ਮਹਲਾ ੫ ਘਰੁ ੩		Raag Soohee Shhanth Mehalaa 5 Ghar 3	Raag Soohee, Chhant, Fifth Mehl, Third House:	ਰਾਗ ਸੂਹੀ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ' (ਛੰਦ)।

33290	779	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
33291	779	ਤੂ ਠਾਕੁਰੋ ਬੈਰਾਗਰੋ ਮੈ ਜੇਹੀ ਘਣ ਚੇਰੀ ਰਾਮ॥		Thoo Thaakuro Bairaagaro Mai Jaehee Ghan Chaeree Raam ||	O my Lord and Master, You are unattached; You have so many hand-maidens like me, Lord.	ਹੇ (ਮੇਰੇ) ਰਾਮ! ਤੂੰ (ਸਭ ਜੀਵਾਂ ਦਾ) ਮਾਲਕ ਹੈਂ, ਤੇਰੇ ਉਤੇ ਮਾਇਆ ਆਪਣਾ ਪ੍ਰਭਾਵ ਨਹੀਂ ਪਾ ਸਕਦੀ। ਮੇਰੇ ਵਰਗੀਆਂ (ਤੇਰੇ ਦਰ ਤੇ) ਅਨੇਕਾਂ ਦਾਸੀਆਂ ਹਨ।
33292	779	ਤੂੰ ਸਾਗਰੋ ਰਤਨਾਗਰੋ ਹਉ ਸਾਰ ਨ ਜਾਣਾ ਤੇਰੀ ਰਾਮ॥		Thoon Saagaro Rathanaagaro Ho Saar N Jaanaa Thaeree Raam ||	You are the ocean, the source of jewels; I do not know Your value, Lord.	ਹੇ ਰਾਮ! ਤੂੰ ਸਮੁੰਦਰ ਹੈਂ। ਤੂੰ ਰਤਨਾਂ ਦੀ ਖਾਣ ਹੈਂ। ਹੇ ਪ੍ਰਭੂ! ਮੈਂ ਤੇਰੀ ਕਦਰ ਨਹੀਂ ਸਮਝ ਸਕੀ।
33293	779	ਸਾਰ ਨ ਜਾਣਾ ਤੂ ਵਡ ਦਾਣਾ ਕਰਿ ਮਿਹਰੰਮਤਿ ਸਾਂਈ॥		Saar N Jaanaa Thoo Vadd Dhaanaa Kar Miharanmath Saanee ||	I do not know Your value; You are the wisest of all; please show Mercy unto me, O Lord.	ਹੇ ਮੇਰੇ ਮਾਲਕ! ਮੈਂ (ਤੇਰੇ ਗੁਣਾਂ ਦੀ) ਕਦਰ ਨਹੀਂ ਜਾਣਦੀ, ਤੂੰ ਵੱਡਾ ਸਿਆਣਾ ਹੈਂ (ਸਭ ਕੁਝ ਜਾਣਨ ਵਾਲਾ ਹੈਂ), (ਮੇਰੇ ਉੱਤੇ) ਮਿਹਰ ਕਰ!
33294	779	ਕਿਰਪਾ ਕੀਜੈ ਸਾ ਮਤਿ ਦੀਜੈ ਆਠ ਪਹਰ ਤੁਧੁ ਧਿਆਈ॥		Kirapaa Keejai Saa Math Dheejai Aath Pehar Thudhh Dhhiaaee ||	Show Your Mercy, and bless me with such understanding, that I may meditate on You, twenty-four hours a day.	ਕਿਰਪਾ ਕਰ! ਮੈਨੂੰ ਅਜਿਹੀ ਸਮਝ ਬਖ਼ਸ਼ ਕਿ ਅੱਠੇ ਪਹਰ ਮੈਂ ਤੇਰਾ ਸਿਮਰਨ ਕਰਦੀ ਰਹਾਂ।

33295	779	ਗਰਬੁ ਨ ਕੀਜੈ ਰੇਣ ਹੋਵੀਜੈ ਤਾ ਗਤਿ ਜੀਅਰੇ ਤੇਰੀ॥		Garab N Keejai Raen Hoveejai Thaa Gath Jeearae Thaeree ||	O soul, don't be so arrogant - become the dust of all, and you shall be saved.	ਹੇ ਜਿੰਦੇ! ਅਹੰਕਾਰ ਨਹੀਂ ਕਰਨਾ ਚਾਹੀਦਾ, (ਸਭ ਦੇ) ਚਰਨਾਂ ਦੀ ਧੂੜ ਬਣੇ ਰਹਿਣਾ ਚਾਹੀਦਾ ਹੈ, ਤਾਂ ਹੀ ਤੇਰੀ ਉੱਚੀ ਆਤਮਕ ਅਵਸਥਾ ਬਣ ਸਕੇਗੀ।
33296	779	ਸਭ ਊਪਰਿ ਨਾਨਕ ਕਾ ਠਾਕੁਰੁ ਮੈ ਜੇਹੀ ਘਣ ਚੇਰੀ ਰਾਮ॥੧॥		Sabh Oopar Naanak Kaa Thaakur Mai Jaehee Ghan Chaeree Raam ||1||	Nanak's Lord is the Master of all; He has so many hand-maidens like me. ||1||	ਹੇ ਨਾਨਕ! (ਆਖ-) ਮੇਰਾ ਮਾਲਕ ਪ੍ਰਭੂ ਸਭ ਦੇ ਸਿਰ ਉੱਤੇ ਹੈ। ਮੇਰੇ ਜਿਹੀਆਂ (ਉਸ ਦੇ ਦਰ ਤੇ) ਅਨੇਕਾਂ ਦਾਸੀਆਂ ਹਨ ॥੧॥
33297	779	ਤੁਮ੍ ਗਉਹਰ ਅਤਿ ਗਹਿਰ ਗੰਭੀਰਾ ਤੁਮ ਪਿਰ ਹਮ ਬਹੁਰੀਆ ਰਾਮ॥		Thumh Gouhar Ath Gehir Ganbheeraa Thum Pir Ham Bahureeaa Raam ||	Your depth is profound and utterly unfathomable; You are my Husband Lord, and I am Your bride.	ਹੇ ਪ੍ਰਭੂ! ਤੂੰ ਇਕ (ਅਣਮੁੱਲਾ) ਮੋਤੀ ਹੈਂ, ਤੂੰ ਅਥਾਹ (ਸਮੁੰਦਰ) ਹੈਂ, ਤੂੰ ਬੜੇ ਵੱਡੇ ਜਿਗਰੇ ਵਾਲਾ ਹੈਂ, ਤੂੰ (ਸਾਡਾ) ਖਸਮ ਹੈਂ, ਅਸੀਂ ਜੀਵ ਤੇਰੀਆਂ ਵਹੁਟੀਆਂ ਹਾਂ।
33298	779	ਤੁਮ ਵਡੇ ਵਡੇ ਵਡ ਊਚੇ ਹਉ ਇਤਨੀਕ ਲਹੁਰੀਆ ਰਾਮ॥	(ਲਹੁਰੀਆ)ਛੋਟੀ ਤੋਂ ਛੋਟੀ। ਇਤਨੀ-ਕ	Thum Vaddae Vaddae Vadd Oochae Ho Eithaneek Lahureeaa Raam ||	You are the greatest of the great, exalted and lofty on high; I am infinitesimally small.	ਤੂੰ ਬੇਅੰਤ ਵੱਡਾ ਹੈਂ, ਤੂੰ ਬੇਅੰਤ ਉੱਚਾ ਹੈਂ। ਮੈਂ ਬਹੁਤ ਹੀ ਛੋਟੀ ਜਿਹੀ ਹਸਤੀ ਵਾਲੀ ਹਾਂ।

33299	779	ਹਉ ਕਿਛੁ ਨਾਹੀ ਏਕੋ ਤੂਹੈ ਆਪੇ ਆਪਿ ਸੁਜਾਨਾ॥		Ho Kishh Naahee Eaeko Thoohai Aapae Aap Sujaanaa ||	I am nothing; You are the One and only. You Yourself are All-knowing.	ਹੇ ਭਾਈ! ਮੇਰੀ ਕੁਝ ਭੀ ਪਾਂਇਆਂ ਨਹੀਂ ਹੈ, ਇਕ ਤੂੰ ਹੀ ਤੂੰ ਹੈਂ, ਤੂੰ ਆਪ ਹੀ ਆਪ ਸਭ ਕੁਝ ਜਾਣਨ ਵਾਲਾ ਹੈਂ।
33300	779	ਅੰਮ੍ਰਿਤ ਦ੍ਰਿਸਟਿ ਨਿਮਖ ਪ੍ਰਭ ਜੀਵਾ ਸਰਬ ਰੰਗ ਰਸ ਮਾਨਾ॥		Anmrith Dhrisatt Nimakh Prabh Jeevaa Sarab Rang Ras Maanaa ||	With just a momentary Glance of Your Grace, God, I live; I enjoy all pleasures and delights.	ਹੇ ਪ੍ਰਭੂ! ਅੱਖ ਝਮਕਣ ਜਿਤਨੇ ਸਮੇ ਵਾਸਤੇ ਮਿਲੀ ਤੇਰੀ ਅੰਮ੍ਰਿਤ ਦ੍ਰਿਸ਼ਟੀ ਨਾਲ ਮੈਨੂੰ ਆਤਮਕ ਜੀਵਨ ਮਿਲ ਜਾਂਦਾ ਹੈ (ਇਉਂ ਹੁੰਦਾ ਹੈ ਜਿਵੇਂ) ਮੈਂ ਸਾਰੇ ਰੰਗ ਰਸ ਮਾਣ ਲਏ ਹਨ।
33301	779	ਚਰਣਹ ਸਰਨੀ ਦਾਸਹ ਦਾਸੀ ਮਨਿ ਮਉਲੈ ਤਨੁ ਹਰੀਆ॥	ਮਉੱਲੈ:ਕਸਕੇ	Charaneh Saranee Dhaaseh Dhaasee Man Moulai Than Hareeaa ||	I seek the Sanctuary of Your Feet; I am the slave of Your slaves. My mind has blossomed forth, and my body is rejuvenated.	ਮੈਂ ਤੇਰੇ ਚਰਨਾਂ ਦੀ ਸਰਨ ਲਈ ਹੈ, ਮੈਂ ਤੇਰੇ ਦਾਸਾਂ ਦੀ ਦਾਸੀ ਹਾਂ (ਆਤਮਕ ਜੀਵਨ ਦੇਣ ਵਾਲੀ ਤੇਰੀ ਨਿਗਾਹ ਦੀ ਬਰਕਤਿ ਨਾਲ) ਜਦੋਂ ਮੇਰਾ ਮਨ ਖਿੜ ਆਉਂਦਾ ਹੈ, ਮੇਰਾ ਸਰੀਰ (ਭੀ) ਹਰਾ-ਭਰਾ ਹੋ ਜਾਂਦਾ ਹੈ।
33302	779	ਨਾਨਕ ਠਾਕੁਰੁ ਸਰਬ ਸਮਾਣਾ ਆਪਨ ਭਾਵਨ ਕਰੀਆ॥੨॥		Naanak Thaakur Sarab Samaanaa Aapan Bhaavan Kareeaa ||2||	O Nanak, the Lord and Master is contained amongst all; He does just as He pleases. ||2||	ਹੇ ਨਾਨਕ! (ਆਖ-ਹੇ ਭਾਈ!) ਮਾਲਕ-ਪ੍ਰਭੂ ਸਭ ਜੀਵਾਂ ਵਿਚ ਸਮਾ ਰਿਹਾ ਹੈ, ਉਹ (ਹਰ ਵੇਲੇ ਹਰ ਥਾਂ) ਆਪਣੀ ਮਰਜ਼ੀ ਕਰਦਾ ਹੈ ॥੨॥
33303	779	ਤੁਝੁ ਊਪਰਿ ਮੇਰਾ ਹੈ ਮਾਣਾ ਤੂਹੈ ਮੇਰਾ ਤਾਣਾ ਰਾਮ॥		Thujh Oopar Maeraa Hai Maanaa Thoohai Maeraa Thaanaa Raam ||	I take pride in You; You are my only Strength, Lord.	ਹੇ ਰਾਮ! ਮੇਰਾ ਮਾਣ ਤੇਰੇ ਉੱਤੇ ਹੀ ਹੈ, ਤੂੰ ਹੀ ਮੇਰਾ ਆਸਰਾ ਹੈਂ।

33304	779	ਸੁਰਤਿ ਮਤਿ ਚਤੁਰਾਈ ਤੇਰੀ ਤੂ ਜਾਣਾਇਹਿ ਜਾਣਾ ਰਾਮ॥	ਜਾ-ਣਾ-ਇਹਿ:ਪਾਠ ਮਿਲਵਾਂ ਦੋਵੇਂ ਕੰਨੇ ਲਾਉ	Surath Math Chathuraaee Thaeree Thoo Jaanaaeihi Jaanaa Raam ||	You are my understanding, intellect and knowledge. I know only what You cause me to know, Lord.	(ਜਿਹੜੀ ਭੀ ਕੋਈ) ਸੂਝ, ਅਕਲ, ਸਿਆਣਪ (ਮੇਰੇ ਅੰਦਰ ਹੈ, ਉਹ) ਤੇਰੀ (ਬਖ਼ਸ਼ੀ ਹੋਈ ਹੈ) ਜੋ ਕੁਝ ਤੂੰ ਮੈਨੂੰ ਸਮਝਾਂਦਾ ਹੈਂ, ਉਹੀ ਮੈਂ ਸਮਝਦਾ ਹਾਂ।
33305	779	ਸੋਈ ਜਾਣੈ ਸੋਈ ਪਛਾਣੈ ਜਾ ਕਉ ਨਦਰਿ ਸਿਰੰਦੇ॥	ਸਿ-ਰੰਦੇ	Soee Jaanai Soee Pashhaanai Jaa Ko Nadhar Sirandhae ||	He alone knows, and he alone understands, upon whom the Creator Lord bestows His Grace.	ਹੇ ਭਾਈ! ਉਹੀ ਮਨੁੱਖ (ਸਹੀ ਜੀਵਨ ਨੂੰ) ਸਮਝਦਾ ਪਛਾਣਦਾ ਹੈ, ਜਿਸ ਉਤੇ ਸਿਰਜਣਹਾਰ ਦੀ ਮਿਹਰ ਦੀ ਨਿਗਾਹ ਹੁੰਦੀ ਹੈ।
33306	779	ਮਨਮੁਖਿ ਭੂਲੀ ਬਹੁਤੀ ਰਾਹੀ ਫਾਥੀ ਮਾਇਆ ਫੰਦੇ॥	ਭੂੱਲੀ। ਰਾਹੀਂ। ਫੱਾਥੀ	Manamukh Bhoolee Bahuthee Raahee Faathhee Maaeiaa Fandhae ||	The self-willed manmukh wanders along many paths, and is trapped in the net of Maya.	ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਅਨੇਕਾਂ ਹੋਰ ਹੋਰ ਰਸਤਿਆਂ ਵਿਚ ਪੈ ਕੇ (ਸਹੀ ਜੀਵਨ ਵਲੋਂ) ਖੁੰਝੀ ਰਹਿੰਦੀ ਹੈ, ਮਾਇਆ ਦੀਆਂ ਫਾਹੀਆਂ ਵਿਚ ਫਸੀ ਰਹਿੰਦੀ ਹੈ।
33307	779	ਠਾਕੁਰ ਭਾਣੀ ਸਾ ਗੁਣਵੰਤੀ ਤਿਨ ਹੀ ਸਭ ਰੰਗ ਮਾਣਾ॥		Thaakur Bhaanee Saa Gunavanthee Thin Hee Sabh Rang Maanaa ||	She alone is virtuous, who is pleasing to her Lord and Master. She alone enjoys all the pleasures.	ਜਿਹੜੀ ਜੀਵ-ਇਸਤ੍ਰੀ ਮਾਲਕ-ਪ੍ਰਭੂ ਨੂੰ ਚੰਗੀ ਲੱਗਦੀ ਹੈ, ਉਹ ਗੁਣਾਂ ਵਾਲੀ ਹੋ ਜਾਂਦੀ ਹੈ, ਉਸ ਨੇ ਹੀ ਸਾਰੇ ਆਤਮਕ ਆਨੰਦ ਮਾਣੇ ਹਨ।

33308	779	ਨਾਨਕ ਕੀ ਧਰ ਤੂਹੈ ਠਾਕੁਰ ਤੂ ਨਾਨਕ ਕਾ ਮਾਣਾ॥੩॥		Naanak Kee Dhhar Thoohai Thaakur Thoo Naanak Kaa Maanaa ||3||	You, O Lord, are Nanak's only support. You are Nanak's only pride. ||3||	ਹੇ ਠਾਕੁਰ! ਨਾਨਕ ਦਾ ਸਹਾਰਾ ਤੂੰ ਹੀ ਹੈਂ, ਨਾਨਕ ਦਾ ਮਾਣ ਤੂੰ ਹੀ ਹੈਂ ॥੩॥
33309	779	ਹਉ ਵਾਰੀ ਵੰਞਾ ਘੋਲੀ ਵੰਞਾ ਤੂ ਪਰਬਤੁ ਮੇਰਾ ਓਲ੍ਹਾ ਰਾਮ॥		Ho Vaaree Vannjaa Gholee Vannjaa Thoo Parabath Maeraa Oulhaa Raam ||	I am a sacrifice, devoted and dedicated to You; You are my sheltering mountain, Lord.	ਹੇ ਪ੍ਰਭੂ! ਮੇਰੇ ਵਾਸਤੇ ਤੂੰ ਪਹਾੜ (ਜੇਡਾ) ਓਲ੍ਹਾ ਹੈਂ, ਮੈਂ ਤੈਥੋਂ ਸਦਕੇ ਕੁਰਬਾਨ ਜਾਂਦੀ ਹਾਂ।
33310	779	ਹਉ ਬਲਿ ਜਾਈ ਲਖ ਲਖ ਲਖ ਬਰੀਆ ਜਿਨਿ ਭ੍ਰਮੁ ਪਰਦਾ ਖੋਲ੍ਹਾ ਰਾਮ॥	ਲੱਖ ਲੱਖ ਲੱਖ	Ho Bal Jaaee Lakh Lakh Lakh Bareeaa Jin Bhram Paradhaa Kholhaa Raam ||	I am a sacrifice, thousands, hundreds of thousands of times, to the Lord. He has torn away the veil of doubt;	ਮੈਂ ਤੈਥੋਂ ਲੱਖਾਂ ਵਾਰੀ ਸਦਕੇ ਜਾਂਦੀ ਹਾਂ, ਜਿਸ ਨੇ (ਮੇਰੇ ਅੰਦਰੋਂ) ਭਟਕਣਾ ਵਾਲੀ ਵਿੱਥ ਮਿਟਾ ਦਿੱਤੀ ਹੈ।
33311	780	ਮਿਟੇ ਅੰਧਾਰੇ ਤਜੇ ਬਿਕਾਰੇ ਠਾਕੁਰ ਸਿਉ ਮਨੁ ਮਾਨਾ॥		Mittae Andhhaarae Thajae Bikaarae Thaakur Sio Man Maanaa ||	Darkness has been eliminated, and I have renounced corruption and sin. My mind is reconciled with my Lord and Master.	ਹੇ ਭਾਈ! ਜਿਸ ਜੀਵ-ਇਸਤ੍ਰੀ ਦਾ ਮਨ ਮਾਲਕ-ਪ੍ਰਭੂ ਨਾਲ ਗਿੱਝ ਜਾਂਦਾ ਹੈ, ਉਹ ਸਾਰੇ ਵਿਕਾਰ ਤਿਆਗ ਦੇਂਦੀ ਹੈ, (ਉਸ ਦੇ ਅੰਦਰੋਂ ਮਾਇਆ ਦੇ ਮੋਹ ਵਾਲੇ) ਹਨੇਰੇ ਦੂਰ ਹੋ ਜਾਂਦੇ ਹਨ।

33312	780	ਪ੍ਰਭ ਜੀ ਭਾਣੀ ਭਈ ਨਿਕਾਣੀ ਸਫਲ ਜਨਮੁ ਪਰਵਾਨਾ॥		Prabh Jee Bhaanee Bhee Nikaanee Safal Janam Paravaanaa ||	I have become pleasing to my Dear God, and I have become carefree. My life is fulfilled and approved.	(ਜੇਹੜੀ ਜੀਵ-ਇਸਤ੍ਰੀ) ਪ੍ਰਭੂ ਨੂੰ ਚੰਗੀ ਲੱਗਣ ਲੱਗ ਪੈਂਦੀ ਹੈ, ਉਹ (ਦੁਨੀਆ ਵਲੋਂ) ਬੇ-ਮੁਥਾਜ ਹੋ ਜਾਂਦੀ ਹੈ, ਉਸ ਦੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ, ਉਹ ਪ੍ਰਭੂ-ਦਰ ਤੇ ਕਬੂਲ ਹੋ ਜਾਂਦੀ ਹੈ।
33313	780	ਭਈ ਅਮੋਲੀ ਭਾਰਾ ਤੋਲੀ ਮੁਕਤਿ ਜੁਗਤਿ ਦਰੁ ਖੋਲ੍ਹਾ॥		Bhee Amolee Bhaaraa Tholee Mukath Jugath Dhar Kholhaa ||	I have become invaluable, of tremendous weight and value. The Door, and the Path of liberation are open to me now.	ਉਸ ਦੀ ਜ਼ਿੰਦਗੀ ਬਹੁਤ ਹੀ ਕੀਮਤੀ ਹੋ ਜਾਂਦੀ ਹੈ, ਭਾਰੇ ਤੋਲ ਵਾਲੀ ਹੋ ਜਾਂਦੀ ਹੈ, ਉਸ ਵਾਸਤੇ ਉਹ ਦਰਵਾਜ਼ਾ ਖੁਲ੍ਹ ਜਾਂਦਾ ਹੈ ਜਿੱਥੇ ਉਸ ਨੂੰ ਵਿਕਾਰਾਂ ਵਲੋਂ ਖ਼ਲਾਸੀ ਮਿਲ ਜਾਂਦੀ ਹੈ ਅਤੇ ਸਹੀ ਜੀਵਨ ਦੀ ਜਾਚ ਆ ਜਾਂਦੀ ਹੈ।
33314	780	ਕਹੁ ਨਾਨਕ ਹਉ ਨਿਰਭਉ ਹੋਈ ਸੋ ਪ੍ਰਭੁ ਮੇਰਾ ਓਲ੍ਹਾ॥੪॥੧॥੪॥		Kahu Naanak Ho Nirabho Hoee So Prabh Maeraa Oulhaa ||4||1||4||	Says Nanak, I am fearless; God has become my Shelter and Shield. ||4||1||4||	ਹੇ ਨਾਨਕ! ਜਦੋਂ ਤੋਂ ਉਹ ਪ੍ਰਭੂ ਮੇਰਾ ਸਹਾਰਾ ਬਣ ਗਿਆ ਹੈ, ਮੈਂ (ਵਿਕਾਰਾਂ ਮਾਇਆ ਦੇ ਹੱਲਿਆਂ ਵਲੋਂ) ਨਿਡਰ ਹੋ ਗਈ ਹਾਂ ॥੪॥੧॥੪॥
33315	780	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	

33316	780	ਸਾਜਨੁ ਪੁਰਖੁ ਸਤਿਗੁਰੁ ਮੇਰਾ ਪੂਰਾ ਤਿਸੁ ਬਿਨੁ ਅਵਰੁ ਨ ਜਾਣਾ ਰਾਮ॥		Saajan Purakh Sathigur Maeraa Pooraa This Bin Avar N Jaanaa Raam ||	My Perfect True Guru is my Best Friend, the Primal Being. I do not know any other than Him, Lord.	ਹੇ ਭਾਈ! ਗੁਰੂ ਮਹਾ ਪੁਰਖ ਹੀ ਮੇਰਾ (ਅਸਲ) ਸੱਜਣ ਹੈ, ਉਸ (ਗੁਰੂ) ਤੋਂ ਬਿਨਾ ਮੈਂ ਕਿਸੇ ਹੋਰ ਨੂੰ ਨਹੀਂ ਜਾਣਦਾ (ਜੋ ਮੈਨੂੰ ਪਰਮਾਤਮਾ ਦੀ ਸੂਝ ਦੇ ਸਕੇ)।
33317	780	ਮਾਤ ਪਿਤਾ ਭਾਈ ਸੁਤ ਬੰਧਪ ਜੀਅ ਪ੍ਰਾਣ ਮਨਿ ਭਾਣਾ ਰਾਮ॥		Maath Pithaa Bhaaee Suth Bandhhap Jeea Praan Man Bhaanaa Raam ||	He is my mother, father, sibling, child, relative, soul and breath of life. He is so pleasing to my mind, O Lord.	ਹੇ ਭਾਈ! (ਗੁਰੂ ਮੈਨੂੰ) ਮਨ ਵਿਚ (ਇਉਂ) ਪਿਆਰਾ ਲੱਗ ਰਿਹਾ ਹੈ (ਜਿਵੇਂ) ਮਾਂ, ਪਿਉ, ਪੁੱਤਰ, ਸਨਬੰਧੀ, ਜਿੰਦ, ਪ੍ਰਾਣ (ਪਿਆਰੇ ਲੱਗਦੇ ਹਨ)।
33318	780	ਜੀਉ ਪਿੰਡੁ ਸਭੁ ਤਿਸ ਕਾ ਦੀਆ ਸਰਬ ਗੁਣਾ ਭਰਪੂਰੇ॥		Jeeo Pindd Sabh This Kaa Dheeaa Sarab Gunaa Bharapoorae ||	My body and soul are all His blessings. He is overflowing with every quality of virtue.	ਹੇ ਭਾਈ! (ਗੁਰੂ ਨੇ ਹੀ ਇਹ ਸੂਝ ਬਖ਼ਸ਼ੀ ਹੈ ਕਿ) ਜਿੰਦ ਸਰੀਰ ਸਭ ਕੁਝ ਉਸ (ਪਰਮਾਤਮਾ) ਦਾ ਦਿੱਤਾ ਹੋਇਆ ਹੈ, (ਉਹ ਪਰਮਾਤਮਾ) ਸਾਰੇ ਗੁਣਾਂ ਨਾਲ ਭਰਪੂਰ ਹੈ।
33319	780	ਅੰਤਰਜਾਮੀ ਸੋ ਪ੍ਰਭੁ ਮੇਰਾ ਸਰਬ ਰਹਿਆ ਭਰਪੂਰੇ॥		Antharajaamee So Prabh Maeraa Sarab Rehiaa Bharapoorae ||	My God is the Inner-knower, the Searcher of hearts. He is totally permeating and pervading everywhere.	(ਗੁਰੂ ਨੇ ਹੀ ਮਤਿ ਦਿੱਤੀ ਹੈ ਕਿ) ਹਰੇਕ ਦੇ ਦਿਲ ਦੀ ਜਾਣਨ ਵਾਲਾ ਮੇਰਾ ਉਹ ਪ੍ਰਭੂ ਸਭ ਥਾਂਈ ਵਿਆਪਕ ਹੈ।

33320	780	ਤਾ ਕੀ ਸਰਣਿ ਸਰਬ ਸੁਖ ਪਾਏ ਹੋਏ ਸਰਬ ਕਲਿਆਣਾ॥		Thaa Kee Saran Sarab Sukh Paaeae Hoeae Sarab Kaliaanaa ||	In His Sanctuary, I receive every comfort and pleasure. I am totally, completely happy.	ਉਸ ਦੀ ਸਰਨ ਪਿਆਂ ਸਾਰੇ ਸੁਖ ਆਨੰਦ ਮਿਲਦੇ ਹਨ।
33321	780	ਸਦਾ ਸਦਾ ਪ੍ਰਭ ਕਉ ਬਲਿਹਾਰੈ ਨਾਨਕ ਸਦ ਕੁਰਬਾਣਾ॥੧॥		Sadhaa Sadhaa Prabh Ko Balihaarai Naanak Sadh Kurabaanaa ||1||	Forever and ever, Nanak is a sacrifice to God, forever, a devoted sacrifice. ||1||	ਹੇ ਨਾਨਕ! (ਆਖ-ਗੁਰੂ ਦੀ ਕਿਰਪਾ ਨਾਲ ਹੀ) ਮੈਂ ਪਰਮਾਤਮਾ ਤੋਂ ਸਦਾ ਹੀ ਸਦਾ ਹੀ ਸਦਾ ਹੀ ਸਦਕੇ ਕੁਰਬਾਨ ਜਾਂਦਾ ਹਾਂ ॥੧॥
33322	780	ਐਸਾ ਗੁਰੁ ਵਡਭਾਗੀ ਪਾਈਐ ਜਿਤੁ ਮਿਲਿਐ ਪ੍ਰਭੁ ਜਾਪੈ ਰਾਮ॥		Aisaa Gur Vaddabhaagee Paaeeai Jith Miliai Prabh Jaapai Raam ||	By great good fortune, one finds such a Guru, meeting whom, the Lord God is known.	ਹੇ ਭਾਈ! ਅਜਿਹਾ ਗੁਰੂ ਵੱਡੇ ਭਾਗਾਂ ਨਾਲ ਮਿਲਦਾ ਹੈ, ਜਿਸ ਦੇ ਮਿਲਿਆਂ (ਹਿਰਦੇ ਵਿਚ) ਪਰਮਾਤਮਾ ਦੀ ਸੂਝ ਪੈਣ ਲੱਗ ਪੈਂਦੀ ਹੈ,
33323	780	ਜਨਮ ਜਨਮ ਕੇ ਕਿਲਵਿਖ ਉਤਰਹਿ ਹਰਿ ਸੰਤ ਧੂੜੀ ਨਿਤ ਨਾਪੈ ਰਾਮ॥	ਉੱਤਰ-ਹਿ। ਧੂੜੀ। ਨਿੱਤ। ਨ੍ਹਾਪੈ	Janam Janam Kae Kilavikh Outharehi Har Santh Dhoorree Nith Naapai Raam ||	The sins of countless lifetimes are erased, bathing continually in the dust of the feet of God's Saints.	ਅਨੇਕਾਂ ਜਨਮਾਂ ਦੇ (ਸਾਰੇ) ਪਾਪ ਦੂਰ ਹੋ ਜਾਂਦੇ ਹਨ, ਅਤੇ ਹਰੀ ਦੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਵਿਚ ਸਦਾ ਇਸ਼ਨਾਨ ਹੁੰਦਾ ਰਹਿੰਦਾ ਹੈ।

33324	780	ਹਰਿ ਧੂੜੀ ਨਾਈਐ ਪ੍ਰਭੂ ਧਿਆਈਐ ਬਾਹੁੜਿ ਜੋਨਿ ਨ ਆਈਐ॥		Har Dhhoorree Naaeeai Prabhoo Dhhiaaeeai Baahurr Jon N Aaeeai ||	Bathing in the dust of the feet of the Lord, and meditating on God, you shall not have to enter into the womb of reincarnation again.	(ਜਿਸ ਗੁਰੂ ਦੇ ਮਿਲਣ ਨਾਲ) ਪ੍ਰਭੂ ਦੇ ਸੰਤ ਜਨਾਂ ਦੀ ਚਰਨ-ਧੂੜ ਵਿਚ ਇਸ਼ਨਾਨ ਹੋ ਸਕਦਾ ਹੈ, ਪ੍ਰਭੂ ਦਾ ਸਿਮਰਨ ਹੋ ਸਕਦਾ ਹੈ ਅਤੇ ਮੁੜ ਜਨਮਾਂ ਦੇ ਗੇੜ ਵਿਚ ਨਹੀਂ ਪਈਦਾ।
33325	780	ਗੁਰ ਚਰਣੀ ਲਾਗੇ ਭ੍ਰਮ ਭਉ ਭਾਗੇ ਮਨਿ ਚਿੰਦਿਆ ਫਲੁ ਪਾਈਐ॥		Gur Charanee Laagae Bhram Bho Bhaagae Man Chindhiaa Fal Paaeeai ||	Grasping hold of the Guru's Feet, doubt and fear are dispelled, and you receive the fruits of your mind's desires.	ਹੇ ਭਾਈ! ਗੁਰੂ ਦੇ ਚਰਨੀਂ ਲੱਗ ਕੇ ਭਰਮ ਡਰ ਨਾਸ ਹੋ ਜਾਂਦੇ ਹਨ, ਮਨ ਵਿਚ ਚਿਤਾਰਿਆ ਹੋਇਆ ਹਰੇਕ ਫਲ ਪ੍ਰਾਪਤ ਹੋ ਜਾਂਦਾ ਹੈ।
33326	780	ਹਰਿ ਗੁਣ ਨਿਤ ਗਾਏ ਨਾਮੁ ਧਿਆਏ ਫਿਰਿ ਸੋਗੁ ਨਾਹੀ ਸੰਤਾਪੈ॥		Har Gun Nith Gaaeae Naam Dhhiaaeae Fir Sog Naahee Santhaapai ||	Continually singing the Glorious Praises of the Lord, and meditating on the Naam, the Name of the Lord, you shall no longer suffer in pain and sorrow.	(ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਨੇ) ਸਦਾ ਪਰਮਾਤਮਾ ਦੇ ਗੁਣ ਗਾਏ ਹਨ; ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਸ ਨੂੰ ਫਿਰ ਕੋਈ ਗ਼ਮ ਕੋਈ ਦੁੱਖ-ਕਲੇਸ਼ ਪੋਹ ਨਹੀਂ ਸਕਦਾ।
33327	780	ਨਾਨਕ ਸੋ ਪ੍ਰਭੁ ਜੀਅ ਕਾ ਦਾਤਾ ਪੂਰਾ ਜਿਸੁ ਪਰਤਾਪੈ॥੨॥		Naanak So Prabh Jeea Kaa Dhaathaa Pooraa Jis Parathaapai ||2||	O Nanak, God is the Giver of all souls; His radiant glory is perfect! ||2||	ਹੇ ਨਾਨਕ! (ਗੁਰੂ ਦੀ ਕਿਰਪਾ ਨਾਲ ਹੀ ਸਮਝ ਪੈਂਦੀ ਹੈ ਕਿ) ਜਿਸ ਪਰਮਾਤਮਾ ਦਾ ਪੂਰਾ ਪਰਤਾਪ ਹੈ, ਉਹੀ ਜਿੰਦ ਦੇਣ ਵਾਲਾ ਹੈ ॥੨॥

33328	780	ਹਰਿ ਹਰੇ ਹਰਿ ਗੁਣ ਨਿਧੇ ਹਰਿ ਸੰਤਨ ਕੈ ਵਸਿ ਆਏ ਰਾਮ॥		Har Harae Har Gun Nidhhae Har Santhan Kai Vas Aaeae Raam ||	The Lord, Har, Har, is the treasure of virtue; the Lord is under the power of His Saints.	ਹੇ ਭਾਈ! ਸਾਰੇ ਗੁਣਾਂ ਦਾ ਖ਼ਜ਼ਾਨਾ ਪਰਮਾਤਮਾ ਸੰਤ ਜਨਾਂ ਦੇ (ਪਿਆਰ ਦੇ) ਵੱਸ ਵਿਚ ਟਿਕਿਆ ਰਹਿੰਦਾ ਹੈ।
33329	780	ਸੰਤ ਚਰਣ ਗੁਰ ਸੇਵਾ ਲਾਗੇ ਤਿਨੀ ਪਰਮਪਦ ਪਾਏ ਰਾਮ॥		Santh Charan Gur Saevaa Laagae Thinee Param Padh Paaeae Raam ||	Those who are dedicated to the feet of the Saints, and to serving the Guru, obtain the supreme status, O Lord.	ਜਿਹੜੇ ਮਨੁੱਖ ਸੰਤ ਜਨਾਂ ਦੀ ਚਰਨੀਂ ਪੈ ਕੇ ਗੁਰੂ ਦੀ ਸੇਵਾ ਵਿਚ ਲੱਗੇ, ਉਹਨਾਂ ਨੇ ਸਭ ਤੋਂ ਉੱਚੇ ਆਤਮਕ ਦਰਜੇ ਪ੍ਰਾਪਤ ਕਰ ਲਏ।
33330	780	ਪਰਮਪਦੁ ਪਾਇਆ ਆਪੁ ਮਿਟਾਇਆ ਹਰਿ ਪੂਰਨ ਕਿਰਪਾ ਧਾਰੀ॥		Param Padh Paaeiaa Aap Mittaaeiaa Har Pooran Kirapaa Dhhaaree ||	They obtain the supreme status, and eradicate self-conceit; the Perfect Lord showers His Grace upon them.	ਹੇ ਭਾਈ! ਜਿਸ ਮਨੁੱਖ ਉੱਤੇ ਪੂਰਨ ਪ੍ਰਭੂ ਨੇ ਮਿਹਰ ਕੀਤੀ, (ਉਸ ਨੇ ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ ਲਿਆ, ਉਸ ਨੇ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲਿਆ।
33331	780	ਸਫਲ ਜਨਮੁ ਹੋਆ ਭਉ ਭਾਗਾ ਹਰਿ ਭੇਟਿਆ ਏਕੁ ਮੁਰਾਰੀ॥		Safal Janam Hoaa Bho Bhaagaa Har Bhaettiaa Eaek Muraaree ||	Their lives are fruitful, their fears are dispelled, and they meet the One Lord, the Destroyer of ego.	ਉਸ ਦੀ ਜ਼ਿੰਦਗੀ ਕਾਮਯਾਬ ਹੋ ਗਈ, ਉਸ ਦਾ (ਹਰੇਕ) ਡਰ ਦੂਰ ਹੋ ਗਿਆ, ਉਸ ਨੂੰ ਉਹ ਪਰਮਾਤਮਾ ਮਿਲ ਪਿਆ ਜੋ ਇਕ ਆਪ ਹੀ ਆਪ ਹੈ।

33332	780	ਜਿਸ ਕਾ ਸਾ ਤਿਨ ਹੀ ਮੇਲਿ ਲੀਆ ਜੋਤੀ ਜੋਤਿ ਸਮਾਇਆ॥		Jis Kaa Saa Thin Hee Mael Leeaa Jothee Joth Samaaeiaa ||	He blends into the One, to whom he belongs; his light merges into the Light.	ਜਿਸ ਪਰਮਾਤਮਾ ਦਾ ਉਹ ਪੈਦਾ ਕੀਤਾ ਹੋਇਆ ਸੀ, ਉਸ ਨੇ ਹੀ (ਉਸ ਨੂੰ ਆਪਣੇ ਚਰਨਾਂ ਵਿਚ) ਮਿਲਾ ਲਿਆ, ਉਸ ਮਨੁੱਖ ਦੀ ਜਿੰਦ ਪਰਮਾਤਮਾ ਦੀ ਜੋਤਿ ਵਿਚ ਇਕ-ਮਿਕ ਹੋ ਗਈ।
33333	780	ਨਾਨਕ ਨਾਮੁ ਨਿਰੰਜਨ ਜਪੀਐ ਮਿਲਿ ਸਤਿਗੁਰ ਸੁਖੁ ਪਾਇਆ॥੩॥		Naanak Naam Niranjan Japeeai Mil Sathigur Sukh Paaeiaa ||3||	O Nanak, chant the Naam, the Name of the Immaculate Lord; meeting the True Guru, peace is obtained. ||3||	ਹੇ ਨਾਨਕ! ਨਿਰਲੇਪ ਪ੍ਰਭੂ ਦਾ ਨਾਮ (ਸਦਾ) ਜਪਣਾ ਚਾਹੀਦਾ ਹੈ, (ਜਿਸ ਨੇ) ਗੁਰੂ ਨੂੰ ਮਿਲ ਕੇ (ਨਾਮ ਜਪਿਆ, ਉਸ ਨੇ) ਆਤਮਕ ਆਨੰਦ ਪ੍ਰਾਪਤ ਕਰ ਲਿਆ ॥੩॥
33334	780	ਗਾਉ ਮੰਗਲੋ ਨਿਤ ਹਰਿ ਜਨਹੁ ਪੁੰਨੀ ਇਛ ਸਬਾਈ ਰਾਮ॥		Gaao Mangalo Nith Har Janahu Punnee Eishh Sabaaee Raam ||	Sing continually the songs of joy, O humble beings of the Lord; all your desires shall be fulfilled.	ਹੇ ਸੰਤ ਜਨੋ! ਸਦਾ (ਪਰਮਾਤਮਾ ਦੀ) ਸਿਫ਼ਤਿ-ਸਾਲਾਹ ਦਾ ਗੀਤ ਗਾਇਆ ਕਰੋ, (ਸਿਫ਼ਤਿ-ਸਾਲਾਹ ਦੇ ਪਰਤਾਪ ਨਾਲ) ਹਰੇਕ ਮੁਰਾਦ ਪੂਰੀ ਹੋ ਜਾਂਦੀ ਹੈ।
33335	780	ਰੰਗਿ ਰਤੇ ਅਪੁਨੇ ਸੁਆਮੀ ਸੇਤੀ ਮਰੈ ਨ ਆਵੈ ਜਾਈ ਰਾਮ॥		Rang Rathae Apunae Suaamee Saethee Marai N Aavai Jaaee Raam ||	Those who are imbued with the Love of their Lord and Master do not die, or come or go in reincarnation.	ਜਿਹੜਾ ਪ੍ਰਭੂ ਕਦੇ ਜਨਮ ਮਰਨ ਦੇ ਗੇੜ ਵਿਚ ਨਹੀਂ ਆਉਂਦਾ (ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਮਨੁੱਖ) ਉਸ ਮਾਲਕ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ।

33336	780	ਅਬਿਨਾਸੀ ਪਾਇਆ ਨਾਮੁ ਧਿਆਇਆ ਸਗਲ ਮਨੋਰਥ ਪਾਏ॥		Abinaasee Paaeiaa Naam Dhhiaaeiaa Sagal Manorathh Paaeae ||	The Imperishable Lord is obtained, meditating on the Naam, and all one's wishes are fulfilled.	ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਸਿਮਰਿਆ ਉਸ ਨੇ ਨਾਸ-ਰਹਿਤ ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ, ਉਸ ਨੇ ਸਾਰੀਆਂ ਮੁਰਾਦਾਂ ਹਾਸਲ ਕਰ ਲਈਆਂ।
33337	780	ਸਾਂਤਿ ਸਹਜ ਆਨੰਦ ਘਨੇਰੇ ਗੁਰ ਚਰਣੀ ਮਨੁ ਲਾਏ॥		Saanth Sehaj Aanandh Ghanaerae Gur Charanee Man Laaeae ||	Peace, poise, and all ecstasy are obtained, attaching one's mind to the Guru's feet.	ਹੇ ਭਾਈ! ਗੁਰੂ ਦੇ ਚਰਨਾਂ ਵਿਚ ਮਨ ਜੋੜ ਕੇ ਮਨੁੱਖ ਸ਼ਾਂਤੀ ਪ੍ਰਾਪਤ ਕਰਦਾ ਹੈ, ਆਤਮਕ ਅਡੋਲਤਾ ਦੇ ਅਨੇਕਾਂ ਆਨੰਦ ਮਾਣਦਾ ਹੈ।
33338	780	ਪੂਰਿ ਰਹਿਆ ਘਟਿ ਘਟਿ ਅਬਿਨਾਸੀ ਥਾਨ ਥਨੰਤਰਿ ਸਾਈ॥	ਸਾਂਈ	Poor Rehiaa Ghatt Ghatt Abinaasee Thhaan Thhananthar Saaee ||	The Imperishable Lord is permeating and pervading each and every heart; He is in all places and interspaces.	(ਸਿਮਰਨ ਦੀ ਬਰਕਤਿ ਨਾਲ ਇਹ ਨਿਸ਼ਚਾ ਬਣ ਜਾਂਦਾ ਹੈ ਕਿ) ਨਾਸ-ਰਹਿਤ ਪਰਮਾਤਮਾ ਹੀ ਹਰੇਕ ਥਾਂ ਵਿਚ ਹਰੇਕ ਸਰੀਰ ਵਿਚ ਵਿਆਪ ਰਿਹਾ ਹੈ।
33339	780	ਕਹੁ ਨਾਨਕ ਕਾਰਜ ਸਗਲੇ ਪੂਰੇ ਗੁਰ ਚਰਣੀ ਮਨੁ ਲਾਈ॥੪॥੨॥੫॥		Kahu Naanak Kaaraj Sagalae Poorae Gur Charanee Man Laaee ||4||2||5||	Says Nanak, all affairs are perfectly resolved, focusing one's mind on the Guru's Feet. ||4||2||5||	ਨਾਨਕ ਆਖਦਾ ਹੈ- (ਹੇ ਭਾਈ!) ਗੁਰੂ ਦੇ ਚਰਨਾਂ ਵਿਚ ਮਨ ਲਾ ਕੇ ਸਾਰੇ ਕੰਮ ਸਫਲ ਜੋ ਜਾਂਦੇ ਹਨ ॥੪॥੨॥੫॥
33340	780	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	

33341	780	ਕਰਿ ਕਿਰਪਾ ਮੇਰੇ ਪ੍ਰੀਤਮ ਸੁਆਮੀ ਨੇਤ੍ਰ ਦੇਖਹਿ ਦਰਸੁ ਤੇਰਾ ਰਾਮ॥		Kar Kirapaa Maerae Preetham Suaamee Naethr Dhaekhehi Dharas Thaeraa Raam ||	Be Merciful, O my Beloved Lord and Master, that I may behold the Blessed Vision of Your Darshan with my eyes.	ਹੇ ਮੇਰੇ ਪ੍ਰੀਤਮ! ਹੇ ਮੇਰੇ ਸੁਆਮੀ! ਮਿਹਰ ਕਰ, ਮੇਰੀਆਂ ਅੱਖਾਂ ਤੇਰਾ ਦਰਸਨ ਕਰਦੀਆਂ ਰਹਿਣ।
33342	780	ਲਾਖ ਜਿਹਵਾ ਦੇਹੁ ਮੇਰੇ ਪਿਆਰੇ ਮੁਖੁ ਹਰਿ ਆਰਾਧੇ ਮੇਰਾ ਰਾਮ॥		Laakh Jihavaa Dhaehu Maerae Piaarae Mukh Har Aaraadhhae Maeraa Raam ||	Please bless me, O my Beloved, with thousands of tongues, to worship and adore You with my mouth, O Lord.	ਹੇ ਮੇਰੇ ਪਿਆਰੇ! ਮੈਨੂੰ ਲੱਖ ਜੀਭਾਂ ਦੇਹ (ਮੇਰੀਆਂ ਜੀਭਾਂ ਤੇਰਾ ਨਾਮ ਜਪਦੀਆਂ ਰਹਿਣ। ਮਿਹਰ ਕਰ!) ਮੇਰਾ ਮੂੰਹ ਤੇਰਾ ਹਰਿ-ਨਾਮ ਜਪਦਾ ਰਹੇ।
33343	780	ਹਰਿ ਆਰਾਧੇ ਜਮ ਪੰਥੁ ਸਾਧੇ ਦੂਖੁ ਨ ਵਿਆਪੈ ਕੋਈ॥		Har Aaraadhhae Jam Panthh Saadhhae Dhookh N Viaapai Koee ||	Worshipping the Lord in adoration, the Path of Death is overcome, and no pain or suffering will afflict you.	(ਮੇਰਾ ਮੂੰਹ) ਤੇਰਾ ਨਾਮ ਜਪਦਾ ਰਹੇ, (ਜਿਸ ਨਾਲ) ਜਮਰਾਜ ਵਾਲਾ ਰਸਤਾ ਜਿੱਤਿਆ ਜਾ ਸਕੇ, ਅਤੇ ਕੋਈ ਭੀ ਦੁੱਖ (ਮੇਰੇ ਉਤੇ ਆਪਣਾ) ਜ਼ੋਰ ਨਾਹ ਪਾ ਸਕੇ।
33344	780	ਜਲਿ ਥਲਿ ਮਹੀਅਲਿ ਪੂਰਨ ਸੁਆਮੀ ਜਤ ਦੇਖਾ ਤਤ ਸੋਈ॥		Jal Thhal Meheeal Pooran Suaamee Jath Dhaekhaa Thath Soee ||	The Lord and Master is pervading and permeating the water, the land and the sky; wherever I look, there He is.	ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ ਵਿਆਪਕ ਹੇ ਸੁਆਮੀ! (ਮਿਹਰ ਕਰ) ਮੈਂ ਜਿੱਧਰ ਵੇਖਾਂ ਉਧਰ (ਮੈਨੂੰ) ਉਹ ਤੇਰਾ ਹੀ ਰੂਪ ਦਿੱਸੇ।

33345	780	ਭਰਮ ਮੋਹ ਬਿਕਾਰ ਨਾਠੇ ਪ੍ਰਭੁ ਨੇਰ ਹੂ ਤੇ ਨੇਰਾ॥		Bharam Moh Bikaar Naathae Prabh Naer Hoo Thae Naeraa ||	Doubt, attachment and corruption are gone. God is the nearest of the near.	ਹੇ ਭਾਈ! (ਹਰਿ-ਨਾਮ ਜਪਣ ਦੀ ਬਰਕਤਿ ਨਾਲ) ਸਾਰੇ ਭਰਮ, ਸਾਰੇ ਮੋਹ, ਸਾਰੇ ਵਿਕਾਰ ਨਾਸ ਹੋ ਜਾਂਦੇ ਹਨ, ਪਰਮਾਤਮਾ ਨੇੜੇ ਤੋਂ ਨੇੜੇ ਦਿੱਸਣ ਲੱਗ ਪੈਂਦਾ ਹੈ।
33346	781	ਨਾਨਕ ਕਉ ਪ੍ਰਭ ਕਿਰਪਾ ਕੀਜੈ ਨੇਤ੍ਰ ਦੇਖਹਿ ਦਰਸੁ ਤੇਰਾ॥੧॥		Naanak Ko Prabh Kirapaa Keejai Naethr Dhaekhehi Dharas Thaeraa ||1||	Please bless Nanak with Your Merciful Grace, O God, that his eyes may behold the Blessed Vision of Your Darshan. ||1||	ਹੇ ਪ੍ਰਭੂ! ਨਾਨਕ ਉੱਤੇ ਮਿਹਰ ਕਰ, (ਨਾਨਕ ਦੀਆਂ) ਅੱਖਾਂ (ਹਰ ਥਾਂ) ਤੇਰਾ ਹੀ ਦਰਸਨ ਕਰਦੀਆਂ ਰਹਿਣ ॥੧॥
33347	781	ਕੋਟਿ ਕਰਨ ਦੀਜਹਿ ਪ੍ਰਭ ਪ੍ਰੀਤਮ ਹਰਿ ਗੁਣ ਸੁਣੀਅਹਿ ਅਬਿਨਾਸੀ ਰਾਮ॥		Kott Karan Dheejehi Prabh Preetham Har Gun Suneeahi Abinaasee Raam ||	Please bless me, O Beloved God, with millions of ears, with which I may hear the Glorious Praises of the Imperishable Lord.	ਹੇ (ਮੇਰੇ) ਪ੍ਰੀਤਮ ਪ੍ਰਭੂ! ਹੇ ਅਬਿਨਾਸੀ ਹਰੀ! (ਜੇ ਮੈਨੂੰ) ਕ੍ਰੋੜਾਂ ਕੰਨ ਦਿੱਤੇ ਜਾਣ, ਤਾਂ (ਉਹਨਾਂ ਨਾਲ) ਤੇਰੇ ਗੁਣ ਸੁਣੇ ਜਾ ਸਕਣ।
33348	781	ਸੁਣਿ ਸੁਣਿ ਇਹੁ ਮਨੁ ਨਿਰਮਲੁ ਹੋਵੈ ਕਟੀਐ ਕਾਲ ਕੀ ਫਾਸੀ ਰਾਮ॥	ਕੱਟੀਐ	Sun Sun Eihu Man Niramal Hovai Katteeai Kaal Kee Faasee Raam ||	Listening, listening to these, this mind becomes spotless and pure, and the noose of Death is cut.	ਹੇ ਭਾਈ! (ਪਰਮਾਤਮਾ ਦੀ ਸਿਫ਼ਤਿ-ਸਾਲਾਹ) ਸੁਣ ਸੁਣ ਕੇ ਇਹ ਮਨ ਪਵਿੱਤਰ ਹੋ ਜਾਂਦਾ ਹੈ, ਅਤੇ (ਆਤਮਕ) ਮੌਤ ਦੀ ਫਾਹੀ ਕੱਟੀ ਜਾਂਦੀ ਹੈ।

33349	781	ਕਟੀਐ ਜਮ ਫਾਸੀ ਸਿਮਰਿ ਅਬਿਨਾਸੀ ਸਗਲ ਮੰਗਲ ਸੁਗਿਆਨਾ॥		Katteeai Jam Faasee Simar Abinaasee Sagal Mangal Sugiaanaa ||	The noose of Death is cut, meditating on the Imperishable Lord, and all happiness and wisdom are obtained.	ਅਬਿਨਾਸੀ ਪ੍ਰਭੂ ਦਾ ਨਾਮ ਸਿਮਰ ਕੇ ਜਮ ਦੀ ਫਾਹੀ ਕੱਟੀ ਜਾਂਦੀ ਹੈ (ਅੰਤਰ ਆਤਮੇ) ਖ਼ੁਸ਼ੀਆਂ ਹੀ ਖ਼ੁਸ਼ੀਆਂ ਬਣ ਜਾਂਦੀਆਂ ਹਨ, ਆਤਮਕ ਜੀਵਨ ਦੀ ਸੂਝ ਪੈਦਾ ਹੋ ਜਾਂਦੀ ਹੈ।
33350	781	ਹਰਿ ਹਰਿ ਜਪੁ ਜਪੀਐ ਦਿਨੁ ਰਾਤੀ ਲਾਗੈ ਸਹਜਿ ਧਿਆਨਾ॥		Har Har Jap Japeeai Dhin Raathee Laagai Sehaj Dhhiaanaa ||	Chant, and meditate, day and night, on the Lord, Har, Har. Focus your meditation on the Celestial Lord.	ਹੇ ਭਾਈ! ਦਿਨ ਰਾਤ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ, (ਨਾਮ ਦੀ ਬਰਕਤਿ ਨਾਲ) ਆਤਮਕ ਅਡੋਲਤਾ ਵਿਚ ਸੁਰਤ ਟਿਕੀ ਰਹਿੰਦੀ ਹੈ।
33351	781	ਕਲਮਲ ਦੁਖ ਜਾਰੇ ਪ੍ਰਭੂ ਚਿਤਾਰੇ ਮਨ ਕੀ ਦੁਰਮਤਿ ਨਾਸੀ॥		Kalamal Dhukh Jaarae Prabhoo Chithaarae Man Kee Dhuramath Naasee ||	The painful sins are burnt away, by keeping God in one's thoughts; evil-mindedness is erased.	ਪ੍ਰਭੂ ਦਾ ਨਾਮ ਚਿੱਤ ਵਿਚ ਵਸਾਇਆਂ ਸਾਰੇ ਪਾਪ ਸਾਰੇ ਦੁੱਖ ਸੜ ਜਾਂਦੇ ਹਨ, ਮਨ ਦੀ ਖੋਟੀ ਮਤਿ ਨਾਸ ਹੋ ਜਾਂਦੀ ਹੈ।
33352	781	ਕਹੁ ਨਾਨਕ ਪ੍ਰਭ ਕਿਰਪਾ ਕੀਜੈ ਹਰਿ ਗੁਣ ਸੁਣੀਅਹਿ ਅਵਿਨਾਸੀ॥੨॥		Kahu Naanak Prabh Kirapaa Keejai Har Gun Suneeahi Avinaasee ||2||	Says Nanak, O God, please be Merciful to me, that I may listen to Your Glorious Praises, O Imperishable Lord. ||2||	ਨਾਨਕ ਆਖਦਾ ਹੈ- ਹੇ ਪ੍ਰਭੂ! ਜੇ ਤੂੰ ਮਿਹਰ ਕਰੇਂ, ਤਾਂ ਤੇਰੇ ਗੁਣ (ਇਹਨਾਂ ਕੰਨਾਂ ਨਾਲ) ਸੁਣੇ ਜਾਣ ॥੨॥

33353	781	ਕਰੋੜਿ ਹਸਤ ਤੇਰੀ ਟਹਲ ਕਮਾਵਹਿ ਚਰਣ ਚਲਹਿ ਪ੍ਰਭ ਮਾਰਗਿ ਰਾਮ॥		Karorr Hasath Thaeree Ttehal Kamaavehi Charan Chalehi Prabh Maarag Raam ||	Please give me millions of hands to serve You, God, and let my feet walk on Your Path.	ਹੇ ਪ੍ਰਭੂ (ਜਿਨ੍ਹਾਂ ਉਤੇ ਤੇਰੀ ਮਿਹਰ ਹੁੰਦੀ ਹੈ ਉਹਨਾਂ ਜੀਵਾਂ ਦੇ) ਕ੍ਰੋੜਾਂ ਹੱਥ ਤੇਰੀ ਟਹਲ ਕਰ ਰਹੇ ਹਨ, (ਉਹਨਾਂ ਜੀਵਾਂ ਦੇ ਕ੍ਰੋੜਾਂ) ਪੈਰ ਤੇਰੇ ਰਸਤੇ ਉਤੇ ਤੁਰ ਰਹੇ ਹਨ।
33354	781	ਭਵ ਸਾਗਰ ਨਾਵ ਹਰਿ ਸੇਵਾ ਜੋ ਚੜੈ ਤਿਸੁ ਤਾਰਗਿ ਰਾਮ॥	ਚੜ੍ਹੈ	Bhav Saagar Naav Har Saevaa Jo Charrai This Thaarag Raam ||	Service to the Lord is the boat to carry us across the terrifying world-ocean.	ਹੇ ਭਾਈ! ਸੰਸਾਰ-ਸਮੁੰਦਰ (ਤੋਂ ਪਾਰ ਲੰਘਣ ਲਈ) ਪਰਮਾਤਮਾ ਦੀ ਭਗਤੀ (ਜੀਵਾਂ ਵਾਸਤੇ) ਬੇੜੀ ਹੈ, ਜਿਹੜਾ ਜੀਵ (ਇਸ ਬੇੜੀ ਵਿਚ) ਸਵਾਰ ਹੁੰਦਾ ਹੈ, ਉਸ ਨੂੰ (ਪ੍ਰਭੂ) ਪਾਰ ਲੰਘਾ ਦੇਂਦਾ ਹੈ।
33355	781	ਭਵਜਲੁ ਤਰਿਆ ਹਰਿ ਹਰਿ ਸਿਮਰਿਆ ਸਗਲ ਮਨੋਰਥ ਪੂਰੇ॥		Bhavajal Thariaa Har Har Simariaa Sagal Manorathh Poorae ||	So cross over the terrifying world-ocean, meditating in remembrance on the Lord, Har, Har; all wishes shall be fulfilled.	ਜਿਸ ਨੇ ਭੀ ਪਰਮਾਤਮਾ ਦਾ ਨਾਮ ਸਿਮਰਿਆ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ, ਉਸ ਦੀਆਂ ਸਾਰੀਆਂ ਮੁਰਾਦਾਂ ਪ੍ਰਭੂ ਪੂਰੀਆਂ ਕਰ ਦੇਂਦਾ ਹੈ।
33356	781	ਮਹਾ ਬਿਕਾਰ ਗਏ ਸੁਖ ਉਪਜੇ ਬਾਜੇ ਅਨਹਦ ਤੂਰੇ॥		Mehaa Bikaar Geae Sukh Oupajae Baajae Anehadh Thoorae ||	Even the worst corruption is taken away; peace wells up, and the unstruck celestial harmony vibrates and resounds.	(ਉਸ ਦੇ ਅੰਦਰੋਂ) ਵੱਡੇ ਵੱਡੇ ਵਿਕਾਰ ਦੂਰ ਹੋ ਜਾਂਦੇ ਹਨ (ਉਸ ਦੇ ਅੰਦਰ ਸੁਖ ਪੈਦਾ ਹੋ ਜਾਂਦੇ ਹਨ (ਮਾਨੋ) ਇਕ-ਰਸ ਵਾਜੇ ਵੱਜ ਪੈਂਦੇ ਹਨ।

33357	781	ਮਨ ਬਾਂਛਤ ਫਲ ਪਾਏ ਸਗਲੇ ਕੁਦਰਤਿ ਕੀਮ ਅਪਾਰਗਿ॥	(ਅਪਾਰ-ਗਿ)ਪਾਰਾਵਾਰ ਰਹਿਤ	Man Baanshhath Fal Paaeae Sagalae Kudharath Keem Apaarag ||	All the fruits of the mind's desires are obtained; His creative power is infinitely valuable.	(ਉਸ ਮਨੁੱਖ ਨੇ) ਸਾਰੀਆਂ ਮਨ-ਮੰਗੀਆਂ ਮੁਰਾਦਾਂ ਹਾਸਲ ਕਰ ਲਈਆਂ। (ਹੇ ਪ੍ਰਭੂ!) ਤੇਰੀ ਇਸ ਕੁਦਰਤ ਦਾ ਮੁੱਲ ਨਹੀਂ ਪਾਇਆ ਜਾ ਸਕਦਾ।
33358	781	ਕਹੁ ਨਾਨਕ ਪ੍ਰਭ ਕਿਰਪਾ ਕੀਜੈ ਮਨੁ ਸਦਾ ਚਲੈ ਤੇਰੈ ਮਾਰਗਿ॥੩॥		Kahu Naanak Prabh Kirapaa Keejai Man Sadhaa Chalai Thaerai Maarag ||3||	Says Nanak, please be Merciful to me, God, that my mind may follow Your Path forever. ||3||	ਨਾਨਕ ਆਖਦਾ ਹੈ- ਹੇ ਪ੍ਰਭੂ! (ਮੇਰੇ ਉਤੇ ਭੀ) ਮਿਹਰ ਕਰ, (ਮੇਰਾ) ਮਨ ਸਦਾ ਤੇਰੇ ਰਸਤੇ ਉੱਤੇ ਤੁਰਦਾ ਰਹੇ ॥੩॥
33359	781	ਏਹੋ ਵਰੁ ਏਹਾ ਵਡਿਆਈ ਇਹੁ ਧਨੁ ਹੋਇ ਵਡਭਾਗਾ ਰਾਮ॥		Eaeho Var Eaehaa Vaddiaaee Eihu Dhhan Hoe Vaddabhaagaa Raam ||	This opportunity, this glorious greatness, this blessing and wealth, come by great good fortune.	ਹੇ ਭਾਈ! ਨਾਮ ਵਿਚ ਟਿਕੇ ਰਹਿਣਾ ਹੀ ਉਸ ਮਨੁੱਖ ਦੇ ਵਾਸਤੇ ਬਖ਼ਸ਼ਸ਼ ਹੈ, ਇਹੀ (ਉਸ ਦੇ ਵਾਸਤੇ) ਵਡਿਆਈ ਹੈ, ਇਹੀ ਉਸ ਦੇ ਵਾਸਤੇ ਧਨ ਹੈ, ਇਹੀ ਉਸ ਦੇ ਵਾਸਤੇ ਵੱਡੀ ਕਿਸਮਤ ਹੈ।
33360	781	ਏਹੋ ਰੰਗੁ ਏਹੋ ਰਸ ਭੋਗਾ ਹਰਿ ਚਰਣੀ ਮਨੁ ਲਾਗਾ ਰਾਮ॥		Eaeho Rang Eaeho Ras Bhogaa Har Charanee Man Laagaa Raam ||	These pleasures, these delightful enjoyments, come when my mind is attached to the Lord's Feet.	ਇਹੀ ਹੈ ਉਸ ਦੇ ਲਈ ਦੁਨੀਆ ਦਾ ਰੰਗ-ਤਮਾਸ਼ਾ ਅਤੇ ਸਾਰੇ ਸੁਆਦਲੇ ਪਦਾਰਥਾਂ ਦਾ ਭੋਗਣਾ, (ਜੋ ਮਨੁੱਖ ਦਾ) ਮਨ ਪਰਮਾਤਮਾ ਦੇ ਚਰਨਾਂ ਵਿਚ ਜੁੜ ਜਾਂਦਾ ਹੈ,

33361	781	ਮਨੁ ਲਾਗਾ ਚਰਣੇ ਪ੍ਰਭ ਕੀ ਸਰਣੇ ਕਰਣ ਕਾਰਣ ਗੋਪਾਲਾ॥		Man Laagaa Charanae Prabh Kee Saranae Karan Kaaran Gopaalaa ||	My mind is attached to God's Feet; I seek His Sanctuary. He is the Creator, the Cause of causes, the Cherisher of the world.	(ਜੋ ਉਸ ਦਾ) ਮਨ ਪ੍ਰਭੂ ਦੇ ਚਰਨਾਂ ਵਿਚ ਲੀਨ ਹੋ ਜਾਂਦਾ ਹੈ, ਜਗਤ ਦੇ ਮੂਲ ਗੋਪਾਲ ਦੀ ਸਰਨੀਂ ਪਿਆ ਰਹਿੰਦਾ ਹੈ।
33362	781	ਸਭੁ ਕਿਛੁ ਤੇਰਾ ਤੂ ਪ੍ਰਭੁ ਮੇਰਾ ਮੇਰੇ ਠਾਕੁਰ ਦੀਨ ਦਇਆਲਾ॥		Sabh Kishh Thaeraa Thoo Prabh Maeraa Maerae Thaakur Dheen Dhaeiaalaa ||	Everything is Yours; You are my God, O my Lord and Master, Merciful to the meek.	ਹੇ ਮੇਰੇ ਪ੍ਰਭੂ! ਹੇ ਮੇਰੇ ਠਾਕੁਰ! ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਹਰੇਕ ਦਾਤ (ਅਸੀਂ ਜੀਵਾਂ ਨੂੰ) ਤੇਰੀ ਹੀ ਬਖ਼ਸ਼ੀ ਹੋਈ ਹੈ।
33363	781	ਮੋਹਿ ਨਿਰਗੁਣ ਪ੍ਰੀਤਮ ਸੁਖਸਾਗਰ ਸੰਤਸੰਗਿ ਮਨੁ ਜਾਗਾ॥		Mohi Niragun Preetham Sukh Saagar Santhasang Man Jaagaa ||	I am worthless, O my Beloved, ocean of peace. In the Saints' Congregation, my mind is awakened.	ਹੇ ਮੇਰੇ ਪ੍ਰੀਤਮ! ਹੇ ਸੁਖਾਂ ਦੇ ਸਮੁੰਦਰ! (ਤੇਰੀ ਹੀ ਮਿਹਰ ਨਾਲ) ਮੈਂ ਗੁਣ-ਹੀਨ ਦਾ ਮਨ ਸੰਤ ਜਨਾਂ ਦੀ ਸੰਗਤਿ ਵਿਚ (ਰਹਿ ਕੇ ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਜਾਗ ਪਿਆ ਹੈ।
33364	781	ਕਹੁ ਨਾਨਕ ਪ੍ਰਭਿ ਕਿਰਪਾ ਕੀਨ੍ਹੀ ਚਰਣਕਮਲ ਮਨੁ ਲਾਗਾ॥੪॥੩॥੬॥		Kahu Naanak Prabh Kirapaa Keenhee Charan Kamal Man Laagaa ||4||3||6||	Says Nanak, God has been Merciful to me; my mind is attached to His Lotus Feet. ||4||3||6||	ਨਾਨਕ ਆਖਦਾ ਹੈ- ਹੇ ਪ੍ਰਭੂ! (ਜਦੋਂ) ਤੂੰ ਮਿਹਰ ਕੀਤੀ, ਤਾਂ (ਮੇਰਾ) ਮਨ (ਤੇਰੇ) ਸੋਹਣੇ ਚਰਨਾਂ ਵਿਚ ਲੀਨ ਹੋ ਗਿਆ ॥੪॥੩॥੬॥
33365	781	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	

33366	781	ਹਰਿ ਜਪੇ ਹਰਿਮੰਦਰੁ ਸਾਜਿਆ ਸੰਤ ਭਗਤ ਗੁਣ ਗਾਵਹਿ ਰਾਮ॥		Har Japae Har Mandhar Saajiaa Santh Bhagath Gun Gaavehi Raam ||	Meditating on the Lord,the Lord's Temple has been built; the Saints and devotees sing the Lord's Glorious Praises.	ਹੇ ਭਾਈ! (ਮਨੁੱਖ ਦਾ ਇਹ ਸਰੀਰ-) ਘਰ ਪਰਮਾਤਮਾ ਨੇ ਨਾਮ ਜਪਣ ਲਈ ਬਣਾਇਆ ਹੈ, (ਇਸ ਘਰ ਵਿਚ) ਸੰਤ-ਜਨ ਭਗਤ-ਜਨ (ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ।
33367	781	ਸਿਮਰਿ ਸਿਮਰਿ ਸੁਆਮੀ ਪ੍ਰਭੁ ਅਪਨਾ ਸਗਲੇ ਪਾਪ ਤਜਾਵਹਿ ਰਾਮ॥		Simar Simar Suaamee Prabh Apanaa Sagalae Paap Thajaavehi Raam ||	Meditating, meditating in remembrance of God, their Lord and Master, they discard and renounce all their sins.	ਆਪਣੇ ਮਾਲਕ-ਪ੍ਰਭੂ (ਦਾ ਨਾਮ) ਹਰ ਵੇਲੇ ਸਿਮਰ ਸਿਮਰ ਕੇ (ਸੰਤ ਜਨ ਆਪਣੇ ਅੰਦਰੋਂ) ਸਾਰੇ ਪਾਪ ਦੂਰ ਕਰਾ ਲੈਂਦੇ ਹਨ।
33368	781	ਹਰਿ ਗੁਣ ਗਾਇ ਪਰਮਪਦੁ ਪਾਇਆ ਪ੍ਰਭ ਕੀ ਊਤਮ ਬਾਣੀ॥		Har Gun Gaae Param Padh Paaeiaa Prabh Kee Ootham Baanee ||	Singing the Glorious Praises of the Lord,the supreme status is obtained. The Word of God's Bani is sublime and exalted.	ਹੇ ਭਾਈ! (ਇਸ ਸਰੀਰ-ਘਰ ਵਿਚ ਸੰਤ ਜਨਾਂ ਨੇ) ਪਰਮਾਤਮਾ ਦੀ ਪਵਿੱਤਰ ਸਿਫ਼ਤਿ-ਸਾਲਾਹ ਦੀ ਬਾਣੀ ਗਾ ਕੇ, ਪਰਮਾਤਮਾ ਦੇ ਗੁਣ ਗਾ ਕੇ ਸਭ ਤੋਂ ਉੱਚਾ ਆਤਮਕ ਦਰਜਾ ਪ੍ਰਾਪਤ ਕੀਤਾ ਹੈ।

33369	781	ਸਹਜ ਕਥਾ ਪ੍ਰਭ ਕੀ ਅਤਿ ਮੀਠੀ ਕਥੀ ਅਕਥ ਕਹਾਣੀ॥	ਅ-ਕਥ:ਪੋਲਾ ਬੋਲੋ	Sehaj Kathhaa Prabh Kee Ath Meethee Kathhee Akathh Kehaanee ||	God's Sermon is so very sweet. It brings celestial peace. It is to speak the Unspoken Speech.	(ਇਸ ਸਰੀਰ-ਘਰ ਵਿਚ ਸੰਤ-ਜਨਾਂ ਨੇ) ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕੀਤੀ ਹੈ ਜਿਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਉਸ ਪ੍ਰਭੂ ਦੀ ਅਤਿ ਮਿੱਠੀ ਸਿਫ਼ਤਿ-ਸਾਲਾਹ ਕੀਤੀ ਹੈ ਜੋ ਆਤਮਕ ਅਡੋਲਤਾ ਪੈਦਾ ਕਰਦੀ ਹੈ।
33370	781	ਭਲਾ ਸੰਜੋਗੁ ਮੂਰਤੁ ਪਲੁ ਸਾਚਾ ਅਬਿਚਲ ਨੀਵ ਰਖਾਈ॥		Bhalaa Sanjog Moorath Pal Saachaa Abichal Neev Rakhaaee ||	The time and the moment were auspicious, blessed and true, when the eternal foundation of this Temple was placed.	(ਉਸ ਦੇ ਸਰੀਰ-ਘਰ ਵਿਚ ਉਹ) ਸ਼ੁਭ ਸੰਜੋਗ ਆ ਬਣਦਾ ਹੈ, ਉਹ ਸਦਾ ਕਾਇਮ ਰਹਿਣ ਵਾਲਾ ਮੁਹੂਰਤ ਆ ਬਣਦਾ ਹੈ ਜਦੋਂ (ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨ ਦੀ) ਕਦੇ ਨਾਹ ਹਿੱਲਣ ਵਾਲੀ ਨੀਂਹ ਰੱਖੀ ਜਾਂਦੀ ਹੈ।
33371	781	ਜਨ ਨਾਨਕ ਪ੍ਰਭ ਭਏ ਦਇਆਲਾ ਸਰਬ ਕਲਾ ਬਣਿ ਆਈ॥੧॥		Jan Naanak Prabh Bheae Dhaeiaalaa Sarab Kalaa Ban Aaee ||1||	O servant Nanak, God has been kind and compassionate; with all His powers, He has blessed me. ||1||	ਹੇ ਦਾਸ ਨਾਨਕ! (ਜਿਸ ਮਨੁੱਖ ਉੱਤੇ) ਪ੍ਰਭੂ ਜੀ ਦਇਆਵਾਨ ਹੁੰਦੇ ਹਨ (ਉਸ ਦੇ ਅੰਦਰ) ਤਕੜੀ ਆਤਮਕ ਤਾਕਤ ਪੈਦਾ ਹੋ ਜਾਂਦੀ ਹੈ ॥੧॥

33372	781	ਆਨੰਦਾ ਵਜਹਿ ਨਿਤ ਵਾਜੇ ਪਾਰਬ੍ਰਹਮੁ ਮਨਿ ਵੂਠਾ ਰਾਮ॥	ਵੱਜਹਿ	Aanandhaa Vajehi Nith Vaajae Paarabreham Man Voothaa Raam ||	The sounds of ecstasy vibrate through me continuously. I have enshrined the Supreme Lord within my mind.	ਹੇ ਭਾਈ! (ਸਿਫ਼ਤਿ-ਸਾਲਾਹ ਦੀ 'ਅਬਿਚਲ ਨੀਵ' ਦੀ ਬਰਕਤਿ ਨਾਲ ਜਿਸ ਮਨੁੱਖ ਦੇ) ਮਨ ਵਿਚ ਪਰਮਾਤਮਾ ਆ ਵੱਸਦਾ ਹੈ (ਉਸ ਦੇ ਸਰੀਰ-ਮੰਦਰ ਵਿਚ ਆਤਮਕ) ਆਨੰਦ ਦੇ ਸਦਾ (ਮਾਨੋ,) ਵਾਜੇ ਵੱਜਦੇ ਰਹਿੰਦੇ ਹਨ।
33373	781	ਗੁਰਮੁਖੇ ਸਚੁ ਕਰਣੀ ਸਾਰੀ ਬਿਨਸੇ ਭ੍ਰਮ ਭੈ ਝੂਠਾ ਰਾਮ॥		Guramukhae Sach Karanee Saaree Binasae Bhram Bhai Jhoothaa Raam ||	As Gurmukh, my lifestyle is excellent and true; my false hopes and doubts are dispelled.	(ਉਸ ਦੇ ਸਰਰਿ-ਘਰ ਵਿਚੋਂ) ਸਾਰੇ ਭਰਮ ਡਰ ਝੂਠ ਨਾਸ ਹੋ ਜਾਂਦੇ ਹਨ, ਗੁਰੂ ਦੇ ਸਨਮੁਖ ਰਹਿ ਕੇ ਸਦਾ-ਥਿਰ ਹਰਿ-ਨਾਮ ਸਿਮਰਨਾ (ਉਸ ਮਨੁੱਖ ਦਾ) ਸ੍ਰੇਸ਼ਟ ਕਰਤੱਬ ਬਣ ਜਾਂਦਾ ਹੈ।
33374	781	ਅਨਹਦ ਬਾਣੀ ਗੁਰਮੁਖਿ ਵਖਾਣੀ ਜਸੁ ਸੁਣਿ ਸੁਣਿ ਮਨੁ ਤਨੁ ਹਰਿਆ॥		Anehadh Baanee Guramukh Vakhaanee Jas Sun Sun Man Than Hariaa ||	The Gurmukh chants the Bani of the unstruck melody; hearing it, listening to it, my mind and body are rejuvenated.	ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਉਹ ਮਨੁੱਖ ਸਦਾ ਇਕ-ਰਸ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਰਹਿੰਦਾ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣ ਸੁਣ ਕੇ ਉਸ ਦਾ ਮਨ ਉਸ ਦਾ ਤਨ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ।

33375	781	ਸਰਬ ਸੁਖਾ ਤਿਸ ਹੀ ਬਣਿ ਆਏ ਜੋ ਪ੍ਰਭਿ ਅਪਨਾ ਕਰਿਆ॥		Sarab Sukhaa This Hee Ban Aaeae Jo Prabh Apanaa Kariaa ||	All pleasures are obtained, by that one whom God makes His Own.	ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਨੇ ਆਪਣਾ (ਪਿਆਰਾ) ਬਣਾ ਲਿਆ, ਸਾਰੇ ਸੁਖ ਉਸ ਦੇ ਅੰਦਰ ਆ ਇਕੱਠੇ ਹੋਏ।
33376	781	ਘਰ ਮਹਿ ਨਵ ਨਿਧਿ ਭਰੇ ਭੰਡਾਰਾ ਰਾਮ ਨਾਮਿ ਰੰਗੁ ਲਾਗਾ॥		Ghar Mehi Nav Nidhh Bharae Bhanddaaraa Raam Naam Rang Laagaa ||	Within the home of the heart are the nine treasures, filled to overflowing. He has fallen in love with the Lord's Name.	ਹੇ ਭਾਈ! ਪਰਮਾਤਮਾ ਦੇ ਨਾਮ ਵਿਚ ਜਿਸ ਮਨੁੱਖ ਦਾ ਪਿਆਰ ਬਣ ਜਾਂਦਾ ਹੈ, ਉਸ ਦੇ (ਹਿਰਦੇ-) ਘਰ ਵਿਚ (ਮਾਨੋ, ਧਰਤੀ ਦੇ) ਨੌ ਹੀ ਖ਼ਜ਼ਾਨਿਆਂ ਦੇ ਭੰਡਾਰੇ ਭਰ ਜਾਂਦੇ ਹਨ।
33377	781	ਨਾਨਕ ਜਨ ਪ੍ਰਭੁ ਕਦੇ ਨ ਵਿਸਰੈ ਪੂਰਨ ਜਾ ਕੇ ਭਾਗਾ॥੨॥		Naanak Jan Prabh Kadhae N Visarai Pooran Jaa Kae Bhaagaa ||2||	Servant Nanak shall never forget God; his destiny is perfectly fulfilled. ||2||	ਹੇ ਨਾਨਕ! ਜਿਸ ਦਾਸ ਦੇ ਪੂਰੇ ਭਾਗ ਜਾਗ ਪੈਂਦੇ ਹਨ, ਉਸ ਨੂੰ ਪਰਮਾਤਮਾ ਕਦੇ ਨਹੀਂ ਭੁੱਲਦਾ ॥੨॥
33378	781	ਛਾਇਆ ਪ੍ਰਭਿ ਛਤ੍ਰਪਤਿ ਕੀਨ੍ਹੀ ਸਗਲੀ ਤਪਤਿ ਬਿਨਾਸੀ ਰਾਮ॥		Shhaaeiaa Prabh Shhathrapath Keenhee Sagalee Thapath Binaasee Raam ||	God, the King, has given me shade under His canopy, and the fire of desire has been totally extinguished.	ਹੇ ਭਾਈ! ਪ੍ਰਭੂ-ਪਾਤਿਸ਼ਾਹ ਨੇ (ਜਿਸ ਮਨੁੱਖ ਦੇ ਸਿਰ ਉਤੇ) ਆਪਣਾ ਹੱਥ ਰੱਖਿਆ, (ਉਸ ਦੇ ਅੰਦਰੋਂ ਵਿਕਾਰਾਂ ਦੀ) ਸਾਰੀ ਸੜਨ ਨਾਸ ਹੋ ਗਈ।

33379	781	ਦੂਖ ਪਾਪ ਕਾ ਡੇਰਾ ਢਾਠਾ ਕਾਰਜੁ ਆਇਆ ਰਾਸੀ ਰਾਮ॥		Dhookh Paap Kaa Ddaeraa Dtaathaa Kaaraj Aaeiaa Raasee Raam ||	The home of sorrow and sin has been demolished, and all affairs have been resolved.	(ਉਸ ਦੇ ਅੰਦਰੋਂ) ਦੁੱਖਾਂ ਦਾ ਵਿਕਾਰਾਂ ਦਾ ਅੱਡਾ ਹੀ ਢਹਿ ਗਿਆ, ਉਸ ਮਨੁੱਖ ਦਾ ਜੀਵਨ-ਮਨੋਰਥ ਕਾਮਯਾਬ ਹੋ ਗਿਆ।
33380	781	ਹਰਿ ਪ੍ਰਭਿ ਫੁਰਮਾਇਆ ਮਿਟੀ ਬਲਾਇਆ ਸਾਚੁ ਧਰਮੁ ਪੁੰਨੁ ਫਲਿਆ॥		Har Prabh Furamaaeiaa Mittee Balaaeiaa Saach Dhharam Punn Faliaa ||	When the Lord God so commands, misfortune is averted; true righteousness, Dharma and charity flourish.	ਹਰੀ ਪ੍ਰਭੂ ਨੇ ਹੁਕਮ ਦੇ ਦਿੱਤਾ (ਤੇ, ਉਸ ਮਨੁੱਖ ਦੇ ਅੰਦਰੋਂ ਮਾਇਆ) ਬਲਾ (ਦਾ ਪ੍ਰਭਾਵ) ਮੁੱਕ ਗਿਆ, ਸਦਾ-ਥਿਰ ਹਰਿ-ਨਾਮ ਸਿਮਰਨ ਦਾ ਧਰਮ ਪੁੰਨ (ਉਸ ਦੇ ਅੰਦਰ) ਵਧਣਾ ਸ਼ੁਰੂ ਹੋ ਗਿਆ।
33381	782	ਸੋ ਪ੍ਰਭੁ ਅਪੁਨਾ ਸਦਾ ਧਿਆਈਐ ਸੋਵਤ ਬੈਸਤ ਖਲਿਆ॥	ਖਲਿਆ:ਪੋਲਾ ਬੋਲੋ	So Prabh Apunaa Sadhaa Dhhiaaeeai Sovath Baisath Khaliaa ||	Meditate forever on your God, when you sleep and sit and stand.	ਹੇ ਭਾਈ! ਸੁੱਤਿਆਂ ਬੈਠਿਆਂ ਖਲੋਤਿਆਂ (ਹਰ ਵੇਲੇ) ਉਸ ਪਰਮਾਤਮਾ ਦਾ ਧਿਆਨ ਧਰਨਾ ਚਾਹੀਦਾ ਹੈ।
33382	782	ਗੁਣ ਨਿਧਾਨ ਸੁਖਸਾਗਰ ਸੁਆਮੀ ਜਲਿ ਥਲਿ ਮਹੀਅਲਿ ਸੋਈ॥		Gun Nidhhaan Sukh Saagar Suaamee Jal Thhal Meheeal Soee ||	The Lord and Master is the treasure of virtue, the ocean of peace; He pervades the water, the land and the sky.	(ਜਿਹੜਾ ਮਨੁੱਖ ਧਿਆਨ ਧਰਦਾ ਹੈ, ਉਸ ਨੂੰ) ਉਹ ਗੁਣਾਂ ਦਾ ਖ਼ਜ਼ਾਨਾ ਪ੍ਰਭੂ ਸੁਖਾਂ ਦਾ ਸਮੁੰਦਰ ਪ੍ਰਭੂ ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ (ਹਰ ਥਾਂ ਵਿਆਪਕ ਦਿੱਸਦਾ ਹੈ)।

33383	782	ਜਨ ਨਾਨਕ ਪ੍ਰਭ ਕੀ ਸਰਣਾਈ ਤਿਸੁ ਬਿਨੁ ਅਵਰੁ ਨ ਕੋਈ॥੩॥		Jan Naanak Prabh Kee Saranaaee This Bin Avar N Koee ||3||	Servant Nanak has entered God's Sanctuary; there is no other than Him. ||3||	ਹੇ ਦਾਸ ਨਾਨਕ! ਉਹ ਮਨੁੱਖ ਪ੍ਰਭੂ ਦੀ ਸਰਨ ਹੀ ਪਿਆ ਰਹਿੰਦਾ ਹੈ, ਉਸ (ਪ੍ਰਭੂ) ਤੋਂ ਬਿਨਾ ਉਸ ਨੂੰ ਕੋਈ ਹੋਰ ਆਸਰਾ ਨਹੀਂ ਦਿੱਸਦਾ ॥੩॥
33384	782	ਮੇਰਾ ਘਰੁ ਬਨਿਆ ਬਨੁ ਤਾਲੁ ਬਨਿਆ ਪ੍ਰਭ ਪਰਸੇ ਹਰਿ ਰਾਇਆ ਰਾਮ॥		Maeraa Ghar Baniaa Ban Thaal Baniaa Prabh Parasae Har Raaeiaa Raam ||	My home is made, the garden and pool are made, and my Sovereign Lord God has met me.	ਹੇ ਭਾਈ! (ਜਦੋਂ ਦੇ) ਪ੍ਰਭੂ-ਪਾਤਿਸ਼ਾਹ ਦੇ ਚਰਨ ਪਰਸੇ ਹਨ, ਮੇਰਾ ਸਰੀਰ ਮੇਰਾ ਹਿਰਦਾ (ਸਭ ਕੁਝ) ਸੋਹਣਾ (ਸੋਹਣੀ ਆਤਮਕ ਰੰਗਣ ਵਾਲਾ) ਬਣ ਗਿਆ ਹੈ।
33385	782	ਮੇਰਾ ਮਨੁ ਸੋਹਿਆ ਮੀਤ ਸਾਜਨ ਸਰਸੇ ਗੁਣ ਮੰਗਲ ਹਰਿ ਗਾਇਆ ਰਾਮ॥		Maeraa Man Sohiaa Meeth Saajan Sarasae Gun Mangal Har Gaaeiaa Raam ||	My mind is adorned, and my friends rejoice; I sing the songs of joy, and the Glorious Praises of the Lord.	(ਜਦੋਂ ਤੋਂ) ਮੈਂ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਣੇ ਸ਼ੁਰੂ ਕੀਤੇ ਹਨ, ਮੇਰਾ ਮਨ ਸੋਹਣਾ (ਸੋਹਣੇ ਸੰਸਕਾਰਾਂ ਵਾਲਾ) ਹੋ ਗਿਆ ਹੈ, ਮੇਰੇ ਸਾਰੇ ਮਿੱਤਰ (ਸਾਰੇ ਗਿਆਨ-ਇੰਦ੍ਰੇ) ਆਤਮਕ ਜੀਵਨ ਵਾਲੇ ਬਣ ਗਏ ਹਨ।
33386	782	ਗੁਣ ਗਾਇ ਪ੍ਰਭੂ ਧਿਆਇ ਸਾਚਾ ਸਗਲ ਇਛਾ ਪਾਈਆ॥		Gun Gaae Prabhoo Dhhiaae Saachaa Sagal Eishhaa Paaeeaa ||	Singing the Glorious Praises of the True Lord God, all desires are fulfilled.	ਹੇ ਭਾਈ! ਪ੍ਰਭੂ ਦੇ ਗੁਣ ਗਾ ਕੇ ਸਦਾ-ਥਿਰ ਹਰੀ ਦਾ ਨਾਮ ਸਿਮਰ ਕੇ ਸਾਰੀਆਂ ਇੱਛਾਂ ਪੂਰੀਆਂ ਹੋ ਜਾਂਦੀਆਂ ਹਨ।

33387	782	ਗੁਰ ਚਰਣ ਲਾਗੇ ਸਦਾ ਜਾਗੇ ਮਨਿ ਵਜੀਆ ਵਾਧਾਈਆ॥		Gur Charan Laagae Sadhaa Jaagae Man Vajeeaa Vaadhhaaeeaa ||	Those who are attached to the Guru's Feet are always awake and aware; His Praises resound and resonate through their minds.	ਜਿਹੜੇ ਮਨੁੱਖ ਗੁਰੂ ਦੀ ਚਰਨੀਂ ਲੱਗਦੇ ਹਨ, ਉਹ (ਮਾਇਆ ਦੇ ਹੱਲਿਆਂ ਵਲੋਂ) ਸਦਾ ਸੁਚੇਤ ਰਹਿੰਦੇ ਹਨ, ਉਹਨਾਂ ਦੇ ਅੰਦਰ ਉਤਸ਼ਾਹ-ਭਰਿਆ ਆਤਮਕ ਜੀਵਨ ਬਣਿਆ ਰਹਿੰਦਾ ਹੈ।
33388	782	ਕਰੀ ਨਦਰਿ ਸੁਆਮੀ ਸੁਖਹਗਾਮੀ ਹਲਤੁ ਪਲਤੁ ਸਵਾਰਿਆ॥		Karee Nadhar Suaamee Sukheh Gaamee Halath Palath Savaariaa ||	My Lord and Master, the bringer of peace, has blessed me with His Grace; He has arranged this world, and the world hereafter for me.	ਹੇ ਭਾਈ! ਸੁਖਾਂ ਦੇ ਦਾਤੇ ਮਾਲਕ-ਪ੍ਰਭੂ ਨੇ (ਜਿਸ ਮਨੁੱਖ ਉੱਤੇ) ਮਿਹਰ ਦੀ ਨਿਗਾਹ ਕੀਤੀ, (ਉਸ ਦਾ ਉਸ ਨੇ) ਇਹ ਲੋਕ ਅਤੇ ਪਰਲੋਕ ਸੋਹਣਾ ਬਣਾ ਦਿੱਤਾ।
33389	782	ਬਿਨਵੰਤਿ ਨਾਨਕ ਨਿਤ ਨਾਮੁ ਜਪੀਐ ਜੀਉ ਪਿੰਡੁ ਜਿਨਿ ਧਾਰਿਆ॥੪॥੪॥੭॥		Binavanth Naanak Nith Naam Japeeai Jeeo Pindd Jin Dhhaariaa ||4||4||7||	Prays Nanak, chant the Naam, the Name of the Lord forever; He is the Support of the body and soul. ||4||4||7||	ਨਾਨਕ ਬੇਨਤੀ ਕਰਦਾ ਹੈ-ਹੇ ਭਾਈ! ਜਿਸ (ਪਰਮਾਤਮਾ) ਨੇ ਇਹ ਜਿੰਦ ਤੇ ਇਹ ਸਰੀਰ ਟਿਕਾ ਰੱਖਿਆ ਹੈ, ਉਸ ਦਾ ਨਾਮ ਸਦਾ ਜਪਣਾ ਚਾਹੀਦਾ ਹੈ ॥੪॥੪॥੭॥
33390	782	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	

33391	782	ਭੈ ਸਾਗਰੋ ਭੈ ਸਾਗਰੁ ਤਰਿਆ ਹਰਿ ਹਰਿ ਨਾਮੁ ਧਿਆਏ ਰਾਮ॥		Bhai Saagaro Bhai Saagar Thariaa Har Har Naam Dhhiaaeae Raam ||	The terrifying world-ocean, the terrifying world-ocean - I have crossed over it, meditating on the Naam, the Name of the Lord, Har, Har.	ਹੇ ਭਾਈ! ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਅਨੇਕਾਂ ਡਰਾਂ ਨਾਲ ਭਰਪੂਰ ਸੰਸਾਰ-ਸਮੁੰਦਰ ਤੋਂ ਮਨੁੱਖ ਪਾਰ ਲੰਘ ਜਾਂਦਾ ਹੈ।
33392	782	ਬੋਹਿਥੜਾ ਹਰਿ ਚਰਣ ਅਰਾਧੇ ਮਿਲਿ ਸਤਿਗੁਰ ਪਾਰਿ ਲਘਾਏ ਰਾਮ॥		Bohithharraa Har Charan Araadhhae Mil Sathigur Paar Laghaaeae Raam ||	I worship and adore the Lord's Feet, the boat to carry me across. Meeting the True Guru, I am carried over.	ਪਰਮਾਤਮਾ ਦੇ ਚਰਨ ਸੋਹਣਾ ਜਹਾਜ਼ ਹਨ, (ਜਿਹੜਾ ਮਨੁੱਖ) ਗੁਰੂ ਨੂੰ ਮਿਲ ਕੇ ਹਰਿ-ਚਰਨਾਂ ਦਾ ਆਰਾਧਨ ਕਰਦਾ ਹੈ, (ਗੁਰੂ ਉਸ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦੇਂਦਾ ਹੈ।
33393	782	ਗੁਰ ਸਬਦੀ ਤਰੀਐ ਬਹੁੜਿ ਨ ਮਰੀਐ ਚੂਕੈ ਆਵਣ ਜਾਣਾ॥		Gur Sabadhee Thareeai Bahurr N Mareeai Chookai Aavan Jaanaa ||	Through the Word of the Guru's Shabad, I cross over, and I shall not die again; my comings and goings are ended.	ਹੇ ਭਾਈ! ਗੁਰੂ ਦੇ ਸ਼ਬਦ ਦੇ ਪਰਤਾਪ ਨਾਲ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ, ਮੁੜ ਮੁੜ ਆਤਮਕ ਮੌਤ ਨਹੀਂ ਸਹੇੜੀਦੀ, ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।
33394	782	ਜੋ ਕਿਛੁ ਕਰੈ ਸੋਈ ਭਲ ਮਾਨਉ ਤਾ ਮਨੁ ਸਹਜਿ ਸਮਾਣਾ॥		Jo Kishh Karai Soee Bhal Maano Thaa Man Sehaj Samaanaa ||	Whatever He does, I accept as good, and my mind merges in celestial peace.	ਹੇ ਭਾਈ! ਜੋ ਕੁਝ ਪਰਮਾਤਮਾ ਕਰਦਾ ਹੈ (ਗੁਰੂ ਦੇ ਸ਼ਬਦ ਦੀ ਬਰਕਤਿ ਨਾਲ) ਮੈਂ ਉਸ ਨੂੰ ਭਲਾ ਮੰਨਦਾ ਹਾਂ। (ਜਦੋਂ ਇਹ ਰਸਤਾ ਫੜਿਆ ਜਾਏ) ਤਦੋਂ ਮਨ ਆਤਮਕ ਅਡੋਲਤਾ ਵਿਚ ਟਿਕ ਜਾਂਦਾ ਹੈ।

33395	782	ਦੂਖ ਨ ਭੂਖ ਨ ਰੋਗੁ ਨ ਬਿਆਪੈ ਸੁਖਸਾਗਰ ਸਰਣੀ ਪਾਏ॥		Dhookh N Bhookh N Rog N Biaapai Sukh Saagar Saranee Paaeae ||	Neither pain, nor hunger, nor disease afflicts me. I have found the Sanctuary of the Lord, the ocean of peace.	ਹੇ ਭਾਈ! ਸੁਖਾਂ ਦੇ ਸਮੁੰਦਰ ਪ੍ਰਭੂ ਦੀ ਸਰਨ ਪਿਆਂ ਕੋਈ ਦੁੱਖ, ਕੋਈ ਭੁੱਖ, ਕੋਈ ਰੋਗ, ਕੋਈ ਭੀ ਆਪਣਾ ਜ਼ੋਰ ਨਹੀਂ ਪਾ ਸਕਦਾ।
33396	782	ਹਰਿ ਸਿਮਰਿ ਸਿਮਰਿ ਨਾਨਕ ਰੰਗਿ ਰਾਤਾ ਮਨ ਕੀ ਚਿੰਤ ਮਿਟਾਏ॥੧॥		Har Simar Simar Naanak Rang Raathaa Man Kee Chinth Mittaaeae ||1||	Meditating,meditating in remembrance on the Lord,Nanak is imbued with His Love; his mind's anxieties are dispelled. ||1||	ਹੇ ਨਾਨਕ! ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਜਿਹੜਾ ਮਨੁੱਖ (ਪ੍ਰਭੂ ਦੇ) ਪ੍ਰੇਮ-ਰੰਗ ਵਿਚ ਰੰਗਿਆ ਜਾਂਦਾ ਹੈ, ਉਹ ਆਪਣੇ ਮਨ ਦੀ ਹਰੇਕ ਚਿੰਤਾ ਮਿਟਾ ਲੈਂਦਾ ਹੈ ॥੧॥
33397	782	ਸੰਤ ਜਨਾ ਹਰਿ ਮੰਤ੍ਰੁ ਦ੍ਰਿੜਾਇਆ ਹਰਿ ਸਾਜਨ ਵਸਗਤਿ ਕੀਨੇ ਰਾਮ॥	ਵੱਸ-ਗਤਿ	Santh Janaa Har Manthra Dhrirraaeiaa Har Saajan Vasagath Keenae Raam ||	The humble Saints have implanted the Lord's Mantra within me,and the Lord,my Best Friend, has come under my power.	ਹੇ ਭਾਈ! ਸੰਤ ਜਨਾਂ ਨੇ (ਜਿਸ ਜੀਵ-ਇਸਤ੍ਰੀ ਦੇ) ਹਿਰਦੇ ਵਿਚ ਪਰਮਾਤਮਾ ਦਾ ਨਾਮ-ਮੰਤ੍ਰ ਪੱਕਾ ਕਰ ਦਿੱਤਾ, ਪ੍ਰਭੂ ਜੀ ਉਸ ਜੀਵ-ਇਸਤ੍ਰੀ ਦੇ ਪ੍ਰੇਮ-ਵੱਸ ਹੋ ਗਏ।
33398	782	ਆਪਨੜਾ ਮਨੁ ਆਗੈ ਧਰਿਆ ਸਰਬਸੁ ਠਾਕੁਰਿ ਦੀਨੇ ਰਾਮ॥	ਆਪਨ-ੜਾ। ਸਰਬਸੁ:ਪੋਲਾ ਮਿਲਵਾਂ	Aapanarraa Man Aagai Dhhariaa Sarabas Thaakur Dheenae Raam ||	I have dedicated my mind to my Lord and Master, and offered it to Him, and He has blessed me with everything.	(ਉਸ ਜੀਵ-ਇਸਤ੍ਰੀ ਨੇ) ਆਪਣਾ ਪਿਆਰਾ ਮਨ (ਪ੍ਰਭੂ-ਠਾਕੁਰ ਦੇ) ਅੱਗੇ ਭੇਟ ਕਰ ਦਿੱਤਾ, (ਅੱਗੋਂ) ਠਾਕੁਰ-ਪ੍ਰਭੂ ਨੇ ਸਭ ਕੁਝ (ਉਸ ਜੀਵ-ਇਸਤ੍ਰੀ ਨੂੰ) ਦੇ ਦਿੱਤਾ।

33399	782	ਕਰਿ ਅਪੁਨੀ ਦਾਸੀ ਮਿਟੀ ਉਦਾਸੀ ਹਰਿਮੰਦਰਿ ਥਿਤਿ ਪਾਈ॥		Kar Apunee Dhaasee Mittee Oudhaasee Har Mandhar Thhith Paaee ||	He has made me His hand-maiden and slave; my sadness is dispelled, and in the Lord's Temple, I have found stability.	ਠਾਕੁਰ-ਪ੍ਰਭੂ ਨੇ ਉਸ ਜੀਵ-ਇਸਤ੍ਰੀ ਨੂੰ ਆਪਣੀ ਦਾਸੀ ਬਣਾ ਲਿਆ, (ਉਸ ਦੇ ਅੰਦਰੋਂ ਮਾਇਆ ਆਦਿਕ ਲਈ) ਭਟਕਣਾ ਮੁੱਕ ਗਈ, ਉਸ ਨੇ ਪਰਮਾਤਮਾ ਦੇ ਬਣਾਏ ਇਸ ਸਰੀਰ-ਮੰਦਰ ਵਿਚ ਹੀ ਟਿਕਾਉ ਹਾਸਲ ਕਰ ਲਿਆ।
33400	782	ਅਨਦ ਬਿਨੋਦ ਸਿਮਰਹੁ ਪ੍ਰਭੁ ਸਾਚਾ ਵਿਛੁੜਿ ਕਬਹੂ ਨ ਜਾਈ॥		Anadh Binodh Simarahu Prabh Saachaa Vishhurr Kabehoo N Jaaee ||	My joy and bliss are in meditating on my True God; I shall never be separated from Him again.	ਹੇ ਭਾਈ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਨਾਮ ਸਿਮਰਦੇ ਰਹੋ (ਤੁਹਾਡੇ ਅੰਦਰ) ਆਤਮਕ ਆਨੰਦ ਬਣੇ ਰਹਿਣਗੇ। (ਜਿਹੜੀ ਜੀਵ-ਇਸਤ੍ਰੀ ਹਰਿ-ਨਾਮ ਸਿਮਰਦੀ ਹੈ, ਉਹ ਪ੍ਰਭੂ ਚਰਨਾਂ ਤੋਂ) ਵਿਛੁੜ ਕੇ ਕਦੇ ਭੀ (ਕਿਸੇ ਹੋਰ ਪਾਸੇ) ਨਹੀਂ ਭਟਕਦੀ।
33401	782	ਸਾ ਵਡਭਾਗਣਿ ਸਦਾ ਸੋਹਾਗਣਿ ਰਾਮ ਨਾਮ ਗੁਣ ਚੀਨ੍ਹੇ॥		Saa Vaddabhaagan Sadhaa Sohaagan Raam Naam Gun Cheenhae ||	She alone is very fortunate, and a true soul-bride, who contemplates the Glorious Vision of the Lord's Name.	ਜਿਸ ਨੇ ਪਰਮਾਤਮਾ ਦੇ ਨਾਮ ਨਾਲ, ਪਰਮਾਤਮਾ ਦੇ ਗੁਣਾਂ ਨਾਲ ਡੂੰਘੀ ਸਾਂਝ ਬਣਾ ਲਈ, ਉਹ ਜੀਵ-ਇਸਤ੍ਰੀ ਵੱਡੇ ਭਾਗਾਂ ਵਾਲੀ ਬਣ ਜਾਂਦੀ ਹੈ, ਉਹ ਸਦਾ ਪ੍ਰਭੂ-ਖਸਮ ਵਾਲੀ ਰਹਿੰਦੀ ਹੈ।

33402	782	ਕਹੁ ਨਾਨਕ ਰਵਹਿ ਰੰਗਿ ਰਾਤੇ ਪ੍ਰੇਮ ਮਹਾ ਰਸਿ ਭੀਨੇ॥੨॥		Kahu Naanak Ravehi Rang Raathae Praem Mehaa Ras Bheenae ||2||	Says Nanak, I am imbued with His Love, drenched in the supreme, sublime essence of His Love. ||2||	ਨਾਨਕ ਆਖਦਾ ਹੈ- ਜਿਹੜੇ ਮਨੁੱਖ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੀਜ ਕੇ ਹਰਿ-ਨਾਮ ਸਿਮਰਦੇ ਹਨ, ਉਹ ਮਨੁੱਖ ਪ੍ਰੇਮ ਦੇ ਵੱਡੇ ਸੁਆਦ ਵਿਚ ਭਿੱਜੇ ਰਹਿੰਦੇ ਹਨ ॥੨॥
33403	782	ਅਨਦ ਬਿਨੋਦ ਭਏ ਨਿਤ ਸਖੀਏ ਮੰਗਲ ਸਦਾ ਹਮਾਰੈ ਰਾਮ॥		Anadh Binodh Bheae Nith Sakheeeae Mangal Sadhaa Hamaarai Raam ||	I am in continual bliss and ecstasy, O my companions; I sing the songs of joy forever.	ਹੇ ਸਹੇਲੀਏ! ਹੁਣ ਮੇਰੇ ਹਿਰਦੇ-ਘਰ ਵਿਚ ਸਦਾ ਹੀ ਆਨੰਦ ਖ਼ੁਸ਼ੀਆਂ ਚਾਉ ਬਣੇ ਰਹਿੰਦੇ ਹਨ,
33404	782	ਆਪਨੜੈ ਪ੍ਰਭਿ ਆਪਿ ਸੀਗਾਰੀ ਸੋਭਾਵੰਤੀ ਨਾਰੇ ਰਾਮ॥		Aapanarrai Prabh Aap Seegaaree Sobhaavanthee Naarae Raam ||	God Himself has embellished her, and she has become His virtuous soul-bride.	(ਕਿਉਂਕਿ) ਮੇਰੇ ਆਪਣੇ ਪਿਆਰੇ ਪ੍ਰਭੂ ਨੇ ਆਪ ਮੇਰੀ ਜ਼ਿੰਦਗੀ ਸੋਹਣੀ ਬਣਾ ਦਿੱਤੀ ਹੈ, ਮੈਨੂੰ ਸੋਭਾ ਵਾਲੀ ਜੀਵ-ਇਸਤ੍ਰੀ ਬਣਾ ਦਿੱਤਾ ਹੈ।
33405	782	ਸਹਜ ਸੁਭਾਇ ਭਏ ਕਿਰਪਾਲਾ ਗੁਣ ਅਵਗਣ ਨ ਬੀਚਾਰਿਆ॥		Sehaj Subhaae Bheae Kirapaalaa Gun Avagan N Beechaariaa ||	With natural ease, He has become Merciful to her. He does not consider her merits or demerits.	ਹੇ ਸਹੇਲੀਏ! ਆਪਣੇ ਆਤਮਕ ਅਡੋਲਤਾ ਵਾਲੇ ਪਿਆਰ ਦੇ ਕਾਰਨ ਹੀ {ਸਹਜ-ਸਹ ਜਾਯਤੇ ਇਤਿ ਸਹਜਂ} ਆਪਣੇ ਸੇਵਕਾਂ ਉਤੇ ਦਇਆਵਾਨ ਹੋ ਜਾਂਦੇ ਹਨ। ਪ੍ਰਭੂ ਜੀ ਆਪਣੇ ਸੇਵਕਾਂ ਦੇ ਗੁਣਾਂ ਔਗੁਣਾਂ ਵਲ ਧਿਆਨ ਨਹੀਂ ਦੇਂਦੇ।

33406	782	ਕੰਠਿ ਲਗਾਇ ਲੀਏ ਜਨ ਅਪੁਨੇ ਰਾਮ ਨਾਮ ਉਰਿ ਧਾਰਿਆ॥		Kanth Lagaae Leeeae Jan Apunae Raam Naam Our Dhhaariaa ||	He hugs His humble servants close in His Loving Embrace; they enshrine the Lord's Name in their hearts.	ਪ੍ਰਭੂ ਜੀ ਆਪਣੇ ਸੇਵਕ ਨੂੰ (ਆਪਣੇ) ਗਲ ਨਾਲ ਲਾ ਲੈਂਦੇ ਹਨ, (ਉਹਨਾਂ ਦੇ) ਹਿਰਦੇ ਵਿਚ ਆਪਣਾ ਨਾਮ ਵਸਾ ਦੇਂਦੇ ਹਨ।
33407	782	ਮਾਨ ਮੋਹ ਮਦ ਸਗਲ ਬਿਆਪੀ ਕਰਿ ਕਿਰਪਾ ਆਪਿ ਨਿਵਾਰੇ॥		Maan Moh Madh Sagal Biaapee Kar Kirapaa Aap Nivaarae ||	Everyone is engrossed in arrogant pride, attachment and intoxication; in His Mercy, He has freed me of them.	ਹੇ ਸਹੇਲੀਏ! ਅਹੰਕਾਰ, ਮਾਇਆ ਦਾ ਮੋਹ, ਮਾਇਆ ਦਾ ਨਸ਼ਾ ਜਿਹੜੇ ਸਾਰੀ ਸ੍ਰਿਸ਼ਟੀ ਉਤੇ ਭਾਰੂ ਹੋ ਰਹੇ ਹਨ (ਪ੍ਰਭੂ ਜੀ ਨੇ ਮੇਰੇ ਉਤੇ) ਮਿਹਰ ਕਰ ਕੇ (ਮੇਰੇ ਅੰਦਰੋਂ) ਆਪ ਹੀ ਦੂਰ ਕਰ ਦਿੱਤੇ ਹਨ।
33408	782	ਕਹੁ ਨਾਨਕ ਭੈ ਸਾਗਰੁ ਤਰਿਆ ਪੂਰਨ ਕਾਜ ਹਮਾਰੇ॥੩॥		Kahu Naanak Bhai Saagar Thariaa Pooran Kaaj Hamaarae ||3||	Says Nanak, I have crossed over the terrifying world-ocean, and all my affairs are perfectly resolved. ||3||	ਨਾਨਕ ਆਖਦਾ ਹੈ- (ਉਸ ਦੀ ਮਿਹਰ ਨਾਲ ਇਸ) ਭਿਆਨਕ ਸੰਸਾਰ-ਸਮੁੰਦਰ ਤੋਂ ਮੈਂ ਪਾਰ ਲੰਘ ਰਿਹਾ ਹਾਂ, ਮੇਰੇ ਸਾਰੇ ਕੰਮ (ਭੀ) ਸਿਰੇ ਚੜ੍ਹ ਰਹੇ ਹਨ ॥੩॥
33409	782	ਗੁਣ ਗੋਪਾਲ ਗਾਵਹੁ ਨਿਤ ਸਖੀਹੋ ਸਗਲ ਮਨੋਰਥ ਪਾਏ ਰਾਮ॥		Gun Gopaal Gaavahu Nith Sakheeho Sagal Manorathh Paaeae Raam ||	Continually sing the Glorious Praises of the World-Lord, O my companions; all your wishes shall be granted.	ਹੇ ਸਹੇਲੀਓ! ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੇ ਗੁਣ ਸਦਾ ਗਾਇਆ ਕਰੋ, ਉਹ ਸਾਰੀਆਂ ਮੁਰਾਦਾਂ ਪੂਰੀਆਂ ਕਰ ਦੇਂਦਾ ਹੈ।

33410	782	ਸਫਲ ਜਨਮੁ ਹੋਆ ਮਿਲਿ ਸਾਧੂ ਏਕੰਕਾਰੁ ਧਿਆਏ ਰਾਮ॥		Safal Janam Hoaa Mil Saadhhoo Eaekankaar Dhhiaaeae Raam ||	Life becomes fruitful, meeting with the Holy Saints, and meditating on the One God, the Creator of the Universe.	ਗੁਰੂ ਨੂੰ ਮਿਲ ਕੇ ਸਰਬ-ਵਿਆਪਕ ਪ੍ਰਭੂ ਦਾ ਨਾਮ ਸਿਮਰਿਆਂ ਜੀਵਨ ਕਾਮਯਾਬ ਹੋ ਜਾਂਦਾ ਹੈ।
33411	782	ਜਪਿ ਏਕ ਪ੍ਰਭੂ ਅਨੇਕ ਰਵਿਆ ਸਰਬ ਮੰਡਲਿ ਛਾਇਆ॥	(ਮੰਡਲਿ)ਸਮੂਹ ਬ੍ਰਹਮੰਡਾਂ ਚ। (ਛਾਇਆ)ਪੂਰਨ	Jap Eaek Prabhoo Anaek Raviaa Sarab Manddal Shhaaeiaa ||	Chant, and meditate on the One God, who permeates and pervades the many beings of the whole Universe.	ਹੇ ਸਹੇਲੀਓ! ਉਹ ਇੱਕ ਪਰਮਾਤਮਾ ਅਨੇਕਾਂ ਵਿਚ ਵਿਆਪਕ ਹੈ, ਸਾਰੇ ਜਗਤ ਵਿਚ ਵਿਆਪਕ ਹੈ, ਇਹ ਸਾਰਾ ਜਗਤ-ਖਿਲਾਰਾ ਪ੍ਰਭੂ ਆਪ ਹੀ ਹੈ।
33412	782	ਬ੍ਰਹਮੋ ਪਸਾਰਾ ਬ੍ਰਹਮੁ ਪਸਰਿਆ ਸਭੁ ਬ੍ਰਹਮੁ ਦ੍ਰਿਸਟੀ ਆਇਆ॥		Brehamo Pasaaraa Breham Pasariaa Sabh Breham Dhrisattee Aaeiaa ||	God created it, and God spreads through it everywhere. Everywhere I look, I see God.	(ਸਾਰੇ ਜਗਤ ਵਿਚ) ਪਰਮਾਤਮਾ (ਆਪਣੇ ਆਪ ਦਾ) ਪਰਕਾਸ਼ ਕਰ ਰਿਹਾ ਹੈ, (ਉਸ ਦਾ ਨਾਮ) ਜਪ ਕੇ ਹਰ ਥਾਂ ਉਹ ਪ੍ਰਭੂ ਹੀ ਦਿੱਸਣ ਲੱਗ ਪੈਂਦਾ ਹੈ।
33413	782	ਜਲਿ ਥਲਿ ਮਹੀਅਲਿ ਪੂਰਿ ਪੂਰਨ ਤਿਸੁ ਬਿਨਾ ਨਹੀ ਜਾਏ॥		Jal Thhal Meheeal Poor Pooran This Binaa Nehee Jaaeae ||	The Perfect Lord is perfectly pervading and permeating the water, the land and the sky; there is no place without Him.	ਹੇ ਸਹੇਲੀਓ! ਉਸ ਪਰਮਾਤਮਾ ਤੋਂ ਖ਼ਾਲੀ ਕੋਈ ਭੀ ਥਾਂ ਨਹੀਂ ਹੈ। ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ ਹਰ ਥਾਂ ਉਹ ਮੌਜੂਦ ਹੈ।

33414	783	ਪੇਖਿ ਦਰਸਨੁ ਨਾਨਕ ਬਿਗਸੇ ਆਪਿ ਲਏ ਮਿਲਾਏ॥੪॥੫॥੮॥		Paekh Dharasan Naanak Bigasae Aap Leae Milaaeae ||4||5||8||	Beholding the Blessed Vision of His Darshan, Nanak has blossomed forth; the Lord has united him in Union. ||4||5||8||	ਹੇ ਨਾਨਕ! (ਆਖ-ਹੇ ਸਹੇਲੀਓ! ਜਿਨ੍ਹਾਂ ਨੂੰ ਉਹ) ਆਪ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ, ਉਹ (ਉਸ ਸਰਬ-ਵਿਆਪਕ ਦਾ) ਦਰਸਨ ਕਰ ਕੇ ਆਨੰਦ-ਭਰਪੂਰ ਰਹਿੰਦੇ ਹਨ ॥੪॥੫॥੮॥
33415	783	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
33416	783	ਅਬਿਚਲ ਨਗਰੁ ਗੋਬਿੰਦ ਗੁਰੂ ਕਾ ਨਾਮੁ ਜਪਤ ਸੁਖੁ ਪਾਇਆ ਰਾਮ॥		Abichal Nagar Gobindh Guroo Kaa Naam Japath Sukh Paaeiaa Raam ||	Eternal and immovable is the City of God and Guru; chanting His Name, I have found peace.	ਹੇ ਭਾਈ! (ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਮਨੁੱਖਾਂ ਨੇ) ਸਭ ਤੋਂ ਵੱਡੇ ਗੋਬਿੰਦ ਦਾ ਨਾਮ ਜਪਦਿਆਂ ਆਤਮਕ ਆਨੰਦ ਪ੍ਰਾਪਤ ਕਰ ਲਿਆ, (ਉਹਨਾਂ ਦਾ ਸਰੀਰ) ਅਬਿਨਾਸੀ ਪਰਮਾਤਮਾ ਦੇ ਰਹਿਣ ਲਈ ਸ਼ਹਰ ਬਣ ਗਿਆ।
33417	783	ਮਨ ਇਛੇ ਸੇਈ ਫਲ ਪਾਏ ਕਰਤੈ ਆਪਿ ਵਸਾਇਆ ਰਾਮ॥		Man Eishhae Saeee Fal Paaeae Karathai Aap Vasaaeiaa Raam ||	I have obtained the fruits of my mind's desires; the Creator Himself established it.	ਕਰਤਾਰ ਨੇ (ਉਸ ਸਰੀਰ-ਸ਼ਹਰ ਨੂੰ) ਆਪ ਵਸਾ ਦਿੱਤਾ (ਆਪਣੇ ਵੱਸਣ ਲਈ ਤਿਆਰ ਕਰ ਲਿਆ) ਉਹਨਾਂ ਮਨੁੱਖਾਂ ਨੇ ਮਨ-ਮੰਗੀਆਂ ਮੁਰਾਦਾਂ ਸਦਾ ਹਾਸਲ ਕੀਤੀਆਂ।

33418	783	ਕਰਤੈ ਆਪਿ ਵਸਾਇਆ ਸਰਬ ਸੁਖ ਪਾਇਆ ਪੁਤ ਭਾਈ ਸਿਖ ਬਿਗਾਸੇ॥		Karathai Aap Vasaaeiaa Sarab Sukh Paaeiaa Puth Bhaaee Sikh Bigaasae ||	The Creator Himself established it. I have found total peace; my children, siblings and Sikhs have all blossomed forth in bliss.	ਹੇ ਭਾਈ! ਕਰਤਾਰ ਨੇ (ਜਿਨ੍ਹਾਂ ਮਨੁੱਖਾਂ ਦੇ ਸਰੀਰ ਨੂੰ) ਆਪਣੇ ਵੱਸਣ ਲਈ ਤਿਆਰ ਕਰ ਲਿਆ, ਉਹਨਾਂ ਨੇ ਸਾਰੇ ਸੁਖ-ਆਨੰਦ ਮਾਣੇ, (ਗੁਰੂ ਕੇ ਉਹ) ਸਿੱਖ (ਗੁਰੂ ਕੇ ਉਹ) ਪੁੱਤਰ (ਗੁਰੂ ਕੇ ਉਹ) ਭਰਾ ਸਦਾ ਖਿੜੇ-ਮੱਥੇ ਰਹਿੰਦੇ ਹਨ।
33419	783	ਗੁਣ ਗਾਵਹਿ ਪੂਰਨ ਪਰਮੇਸੁਰ ਕਾਰਜੁ ਆਇਆ ਰਾਸੇ॥		Gun Gaavehi Pooran Paramaesur Kaaraj Aaeiaa Raasae ||	Singing the Glorious Praises of the Perfect Transcendent Lord, my affairs have come to be resolved.	(ਉਹ ਵਡ-ਭਾਗੀ ਮਨੁੱਖ) ਸਰਬ-ਵਿਆਪਕ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, (ਉਹਨਾਂ ਮਨੁੱਖਾਂ ਦਾ) ਜੀਵਨ ਮਨੋਰਥ ਸਿਰੇ ਚੜ੍ਹ ਜਾਂਦਾ ਹੈ।
33420	783	ਪ੍ਰਭੁ ਆਪਿ ਸੁਆਮੀ ਆਪੇ ਰਖਾ ਆਪਿ ਪਿਤਾ ਆਪਿ ਮਾਇਆ॥		Prabh Aap Suaamee Aapae Rakhaa Aap Pithaa Aap Maaeiaa ||	God Himself is my Lord and Master. He Himself is my Saving Grace; He Himself is my father and mother.	ਹੇ ਭਾਈ! (ਜਿਹੜੇ ਮਨੁੱਖ ਪਰਮਾਤਮਾ ਦਾ ਨਾਮ ਜਪਦੇ ਹਨ, ਜਿਨ੍ਹਾਂ ਦੇ ਸਰੀਰ ਨੂੰ ਪਰਮਾਤਮਾ ਨੇ ਆਪਣੇ ਵੱਸਣ ਲਈ ਸ਼ਹਰ ਬਣਾ ਲਿਆ) ਮਾਲਕ-ਪ੍ਰਭੂ (ਉਹਨਾਂ ਦੇ ਸਿਰ ਉੱਤੇ) ਸਦਾ ਆਪ ਹੀ ਰਾਖਾ ਬਣਿਆ ਰਹਿੰਦਾ ਹੈ (ਜਿਵੇਂ ਮਾਪੇ ਆਪਣੇ ਪੁੱਤਰ ਦਾ ਧਿਆਨ ਰੱਖਦੇ ਹਨ, ਤਿਵੇਂ ਪਰਮਾਤਮਾ ਉਹਨਾਂ ਮਨੁੱਖਾਂ ਲਈ) ਆਪ ਹੀ ਪਿਉ ਆਪ ਹੀ ਮਾਂ ਬਣਿਆ ਰਹਿੰਦਾ ਹੈ।

33421	783	ਕਹੁ ਨਾਨਕ ਸਤਿਗੁਰ ਬਲਿਹਾਰੀ ਜਿਨਿ ਏਹੁ ਥਾਨੁ ਸੁਹਾਇਆ॥੧॥		Kahu Naanak Sathigur Balihaaree Jin Eaehu Thhaan Suhaaeiaa ||1||	Says Nanak, I am a sacrifice to the True Guru, who has embellished and adorned this place. ||1||	ਨਾਨਕ ਆਖਦਾ ਹੈ- (ਹੇ ਭਾਈ!) ਉਸ ਗੁਰੂ ਤੋਂ ਸਦਾ ਕੁਰਬਾਨ ਹੁੰਦਾ ਰਹੁ, ਜਿਸ ਨੇ (ਹਰਿ-ਨਾਮ-ਸਿਮਰਨ ਦੀ ਦਾਤ ਦੇ ਕੇ ਕਿਸੇ ਵਡ-ਭਾਗੀ ਦੇ) ਇਸ ਸਰੀਰ-ਥਾਂ ਨੂੰ ਸੁੰਦਰ ਬਣਾ ਦਿੱਤਾ ॥੧॥
33422	783	ਘਰ ਮੰਦਰ ਹਟਨਾਲੇ ਸੋਹੇ ਜਿਸੁ ਵਿਚਿ ਨਾਮੁ ਨਿਵਾਸੀ ਰਾਮ॥	(ਘਰ)ਗੁਰੂ ਕੇ ਮਹਿਲ, ਅਥਵਾ ਗੁਰਸਿੱਖਾਂ ਦੇ ਘਰ। (ਮੰਦਰ)ਹਰਿਮੰਦਰ ਸਾਹਿਬ ਜੀ, ਸ੍ਰੀਰ। (ਹਟਨਾਲੇ)ਗੁਰੂ ਕੇ ਬਜ਼ਾਰ, ਸ਼ੁਭ ਗੁਣਾਂ ਦੇ ਬਜ਼ਾਰ	Ghar Mandhar Hattanaalae Sohae Jis Vich Naam Nivaasee Raam ||	Homes, mansions, stores and markets are beautiful, when the Lord's Name abides within.	ਹੇ ਭਾਈ! (ਗੁਰੂ ਦੀ ਕਿਰਪਾ ਨਾਲ) ਜਿਸ (ਸਰੀਰ-ਨਗਰ) ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ, (ਉਸ ਸਰੀਰ ਦੇ) ਸਾਰੇ ਹੀ ਗਿਆਨ-ਇੰਦ੍ਰੇ ਸੋਹਣੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ।
33423	783	ਸੰਤ ਭਗਤ ਹਰਿ ਨਾਮੁ ਅਰਾਧਹਿ ਕਟੀਐ ਜਮ ਕੀ ਫਾਸੀ ਰਾਮ॥		Santh Bhagath Har Naam Araadhhehi Katteeai Jam Kee Faasee Raam ||	The Saints and devotees worship the Lord's Name in adoration, and the noose of Death is cut away.	(ਉਸ ਸਰੀਰ-ਨਗਰ ਵਿਚ ਬੈਠੇ) ਸੰਤ-ਜਨ ਭਗਤ-ਜਨ ਪਰਮਾਤਮਾ ਦਾ ਨਾਮ ਸਿਮਰਦੇ ਰਹਿੰਦੇ ਹਨ। (ਨਾਮ-ਸਿਮਰਨ ਦੀ ਬਰਕਤਿ ਨਾਲ) ਆਤਮਕ ਮੌਤ ਦੀ ਫਾਹੀ ਕੱਟੀ ਜਾਂਦੀ ਹੈ।
33424	783	ਕਾਟੀ ਜਮ ਫਾਸੀ ਪ੍ਰਭਿ ਅਬਿਨਾਸੀ ਹਰਿ ਹਰਿ ਨਾਮੁ ਧਿਆਏ॥		Kaattee Jam Faasee Prabh Abinaasee Har Har Naam Dhhiaaeae ||	The noose of Death is cut away, meditating on the Name of the Eternal, Unchanging Lord, Har, Har.	ਹੇ ਭਾਈ! (ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਮਨੁੱਖਾਂ ਨੇ) ਪਰਮਾਤਮਾ ਦਾ ਨਾਮ ਸਿਮਰਿਆ, ਅਬਿਨਾਸੀ ਪ੍ਰਭੂ ਨੇ ਉਹਨਾਂ ਦੀ ਆਤਮਕ ਮੌਤ ਦੀ ਫਾਹੀ ਕੱਟ ਦਿੱਤੀ।

33425	783	ਸਗਲ ਸਮਗ੍ਰੀ ਪੂਰਨ ਹੋਈ ਮਨ ਇਛੇ ਫਲ ਪਾਏ॥	ਸਮੱਗ੍ਰੀ	Sagal Samagree Pooran Hoee Man Eishhae Fal Paaeae ||	Everything is perfect for them, and they obtain the fruits of their mind's desires.	(ਆਤਮਕ ਮੌਤ ਦੀ ਫਾਹੀ ਕੱਟਣ ਲਈ ਉਹਨਾਂ ਦੇ ਅੰਦਰ) ਸਾਰੇ ਲੋੜੀਂਦੇ ਆਤਮਕ ਗੁਣ ਮੁਕੰਮਲ ਹੋ ਗਏ, ਉਹਨਾਂ ਦੀਆਂ ਮਨ-ਬਾਂਛਤ ਮੁਰਾਦਾਂ ਪੂਰੀਆਂ ਹੋ ਗਈਆਂ।
33426	783	ਸੰਤ ਸਜਨ ਸੁਖਿ ਮਾਣਹਿ ਰਲੀਆ ਦੂਖ ਦਰਦ ਭ੍ਰਮ ਨਾਸੀ॥	ਸੱਜਨ	Santh Sajan Sukh Maanehi Raleeaa Dhookh Dharadh Bhram Naasee ||	The Saints and friends enjoy peace and pleasure; their pain, suffering and doubts are dispelled.	ਹੇ ਭਾਈ! (ਗੁਰੂ ਦੀ ਰਾਹੀਂ ਨਾਮ ਸਿਮਰ ਕੇ) ਸੰਤ-ਜਨ ਭਗਤ-ਜਨ ਸੁਖ ਵਿਚ (ਟਿਕ ਕੇ) ਆਤਮਕ ਆਨੰਦ ਮਾਣਦੇ ਹਨ। (ਉਹਨਾਂ ਦੇ ਅੰਦਰੋਂ) ਸਾਰੇ ਦੁੱਖ ਦਰਦ ਤੇ ਭਰਮ ਨਾਸ ਹੋ ਜਾਂਦੇ ਹਨ।
33427	783	ਸਬਦਿ ਸਵਾਰੇ ਸਤਿਗੁਰਿ ਪੂਰੈ ਨਾਨਕ ਸਦ ਬਲਿ ਜਾਸੀ॥੨॥		Sabadh Savaarae Sathigur Poorai Naanak Sadh Bal Jaasee ||2||	The Perfect True Guru has embellished them with the Word of the Shabad; Nanak is forever a sacrifice to them. ||2||	ਹੇ ਨਾਨਕ! (ਆਖ-ਮੈਂ) ਉਸ ਪੂਰੇ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ ਜਿਸ ਨੇ (ਆਪਣੇ) ਸ਼ਬਦ ਦੀ ਰਾਹੀਂ (ਸਰਨ-ਪਏ ਮਨੁੱਖ ਦੇ) ਜੀਵਨ ਸੋਹਣੇ ਬਣਾ ਦਿੱਤੇ ॥੨॥
33428	783	ਦਾਤਿ ਖਸਮ ਕੀ ਪੂਰੀ ਹੋਈ ਨਿਤ ਨਿਤ ਚੜੈ ਸਵਾਈ ਰਾਮ॥		Dhaath Khasam Kee Pooree Hoee Nith Nith Charrai Savaaee Raam ||	The gift of our Lord and Master is perfect; it increases day by day.	ਹੇ ਭਾਈ! (ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਉਤੇ ਨਾਮ ਸਿਮਰਨ ਦੀ) ਪੂਰਨ ਬਖ਼ਸ਼ਸ਼ ਪਰਮਾਤਮਾ ਵਲੋਂ ਹੁੰਦੀ ਹੈ (ਉਸ ਦੇ ਅੰਦਰ ਇਹ ਬਖ਼ਸ਼ਸ਼) ਸਦਾ ਵਧਦੀ ਰਹਿੰਦੀ ਹੈ,

33429	783	ਪਾਰਬ੍ਰਹਮਿ ਖਸਮਾਨਾ ਕੀਆ ਜਿਸ ਦੀ ਵਡੀ ਵਡਿਆਈ ਰਾਮ॥	ਖਸਮਾਨਾਪੱਖ	Paarabreham Khasamaanaa Keeaa Jis Dhee Vaddee Vaddiaaee Raam ||	The Supreme Lord God has made me His own; His Glorious Greatness is so great!	ਕਿਉਂਕਿ ਜਿਸ ਪਰਮਾਤਮਾ ਦੀ ਬੇਅੰਤ ਸਮਰਥਾ ਹੈ ਉਸ ਨੇ ਆਪ ਉਸ ਮਨੁੱਖ ਦੇ ਸਿਰ ਉੱਤੇ ਆਪਣਾ ਹੱਥ ਰੱਖਿਆ ਹੁੰਦਾ ਹੈ।
33430	783	ਆਦਿ ਜੁਗਾਦਿ ਭਗਤਨ ਕਾ ਰਾਖਾ ਸੋ ਪ੍ਰਭੁ ਭਇਆ ਦਇਆਲਾ॥		Aadh Jugaadh Bhagathan Kaa Raakhaa So Prabh Bhaeiaa Dhaeiaalaa ||	From the very beginning, and throughout the ages, He is the Protector of His devotees; God has become merciful to me.	ਹੇ ਭਾਈ! ਜਗਤ ਦੇ ਸ਼ੁਰੂ ਤੋਂ ਹੀ ਪਰਮਾਤਮਾ ਆਪਣੇ ਭਗਤਾਂ ਦਾ ਰਾਖਾ ਬਣਿਆ ਆ ਰਿਹਾ ਹੈ, ਭਗਤਾਂ ਉਤੇ ਦਇਆਵਾਨ ਹੁੰਦਾ ਆ ਰਿਹਾ ਹੈ।
33431	783	ਜੀਅ ਜੰਤ ਸਭਿ ਸੁਖੀ ਵਸਾਏ ਪ੍ਰਭਿ ਆਪੇ ਕਰਿ ਪ੍ਰਤਿਪਾਲਾ॥		Jeea Janth Sabh Sukhee Vasaaeae Prabh Aapae Kar Prathipaalaa ||	All beings and creatures now dwell in peace; God Himself cherishes and cares for them.	ਉਸ ਪ੍ਰਭੂ ਨੇ ਆਪ ਹੀ ਸਭ ਜੀਵਾਂ ਦੀ ਪਾਲਣਾ ਕੀਤੀ, ਉਸ ਨੇ ਆਪ ਹੀ ਸਾਰੇ ਜੀਵਾਂ ਨੂੰ ਸੁਖੀ ਵਸਾਇਆ ਹੋਇਆ ਹੈ।
33432	783	ਦਹ ਦਿਸ ਪੂਰਿ ਰਹਿਆ ਜਸੁ ਸੁਆਮੀ ਕੀਮਤਿ ਕਹਣੁ ਨ ਜਾਈ॥		Dheh Dhis Poor Rehiaa Jas Suaamee Keemath Kehan N Jaaee ||	The Praises of the Lord and Master are totally pervading in the ten directions; I cannot express His worth.	ਸਾਰੇ ਹੀ ਜਗਤ ਵਿਚ ਉਸ ਦੀ ਸੋਭਾ ਖਿਲਰੀ ਹੋਈ ਹੈ, (ਉਸ ਦੀ ਵਡਿਆਈ ਦਾ) ਮੁੱਲ ਨਹੀਂ ਦੱਸਿਆ ਜਾ ਸਕਦਾ।

33433	783	ਕਹੁ ਨਾਨਕ ਸਤਿਗੁਰ ਬਲਿਹਾਰੀ ਜਿਨਿ ਅਬਿਚਲ ਨੀਵ ਰਖਾਈ॥੩॥		Kahu Naanak Sathigur Balihaaree Jin Abichal Neev Rakhaaee ||3||	Says Nanak, I am a sacrifice to the True Guru, who has laid this eternal foundation. ||3||	ਨਾਨਕ ਆਖਦਾ ਹੈ- ਹੇ ਭਾਈ! ਉਸ ਗੁਰੂ ਤੋਂ ਸਦਾ ਕੁਰਬਾਨ ਹੋ, ਜਿਸ ਨੇ ਕਦੇ ਨਾਹ ਹਿੱਲਣ ਵਾਲੀ (ਹਰਿ-ਨਾਮ ਸਿਮਰਨ ਦੀ) ਨੀਂਹ ਰੱਖੀ ਹੈ (ਜਿਹੜਾ ਗੁਰੂ ਮਨੁੱਖ ਦੇ ਅੰਦਰ ਪਰਮਾਤਮਾ ਦਾ ਨਾਮ ਸਿਮਰਨ ਦੀ ਅਹਿੱਲ ਨੀਂਹ ਰੱਖ ਦੇਂਦਾ ਹੈ) ॥੩॥
33434	783	ਗਿਆਨ ਧਿਆਨ ਪੂਰਨ ਪਰਮੇਸੁਰ ਹਰਿ ਹਰਿ ਕਥਾ ਨਿਤ ਸੁਣੀਐ ਰਾਮ॥		Giaan Dhhiaan Pooran Paramaesur Har Har Kathhaa Nith Suneeai Raam ||	The spiritual wisdom and meditation of the Perfect Transcendent Lord, and the Sermon of the Lord, Har, Har, are continually heard there.	ਹੇ ਭਾਈ! (ਉਸ 'ਅਬਿਚਲ ਨਗਰ' ਵਿਚ) ਸਰਬ-ਵਿਆਪਕ ਪਰਮਾਤਮਾ ਨਾਲ ਡੂੰਘੀ ਸਾਂਝ ਪਾਣ ਦੀ, ਪਰਮਾਤਮਾ ਵਿਚ ਸੁਰਤ ਜੋੜਨ ਦੀ ਕਥਾ-ਵਿਚਾਰ ਹੁੰਦੀ ਸੁਣੀਦੀ ਰਹਿੰਦੀ ਹੈ।
33435	783	ਅਨਹਦ ਚੋਜ ਭਗਤ ਭਵ ਭੰਜਨ ਅਨਹਦ ਵਾਜੇ ਧੁਨੀਐ ਰਾਮ॥		Anehadh Choj Bhagath Bhav Bhanjan Anehadh Vaajae Dhhuneeai Raam ||	The devotees of the Lord, the Destroyer of fear, play endlessly there, and the unstruck melody resounds and vibrates there.	(ਸੰਤ ਜਨਾਂ ਦੇ ਉਸ ਸਰੀਰ ਨਗਰ ਵਿਚ) ਭਗਤਾਂ ਦੇ ਜਨਮ ਮਰਨ ਦੇ ਗੇੜ ਨਾਸ ਕਰਨ ਵਾਲੇ ਪਰਮਾਤਮਾ ਦੇ ਚੋਜ-ਤਮਾਸ਼ਿਆਂ ਅਤੇ ਸਿਫ਼ਤਿ-ਸਾਲਾਹ ਦੀ ਇਕ-ਰਸ ਪ੍ਰਬਲ ਧੁਨੀ ਉਠਦੀ ਰਹਿੰਦੀ ਹੈ।

33436	783	ਅਨਹਦ ਝੁਣਕਾਰੇ ਤਤੁ ਬੀਚਾਰੇ ਸੰਤ ਗੋਸਟਿ ਨਿਤ ਹੋਵੈ॥		Anehadh Jhunakaarae Thath Beechaarae Santh Gosatt Nith Hovai ||	The unstruck melody resounds and resonates, and the Saints contemplate the essence of reality; this discourse is their daily routine.	ਹੇ ਭਾਈ! (ਉਸ 'ਅਬਿਚਲ ਨਗਰ' ਵਿਚ, ਸੰਤ ਜਨਾਂ ਦੇ ਉਸ ਸਰੀਰ-ਨਗਰ ਵਿਚ) ਪਰਮਾਤਮਾ ਦੀ ਇਕ-ਰਸ ਸਿਫ਼ਤਿ-ਸਾਲਾਹ ਹੁੰਦੀ ਰਹਿੰਦੀ ਹੈ, ਜਗਤ-ਦੇ-ਮੂਲ ਪ੍ਰਭੂ ਦੇ ਗੁਣਾਂ ਦੀ ਵਿਚਾਰ ਹੁੰਦੀ ਰਹਿੰਦੀ ਹੈ, ਸੰਤ-ਜਨਾਂ ਦੀ ਪਰਸਪਰ ਰੱਬੀ ਵਿਚਾਰ ਹੁੰਦੀ ਰਹਿੰਦੀ ਹੈ।
33437	783	ਹਰਿ ਨਾਮੁ ਅਰਾਧਹਿ ਮੈਲੁ ਸਭ ਕਾਟਹਿ ਕਿਲਵਿਖ ਸਗਲੇ ਖੋਵੈ॥		Har Naam Araadhhehi Mail Sabh Kaattehi Kilavikh Sagalae Khovai ||	They worship the Lord's Name, and all their filth is washed away; they rid themselves of all sins.	(ਸੰਤ-ਜਨ ਉਸ 'ਅਬਿਚਲ ਨਗਰ' ਵਿਚ) ਪਰਮਾਤਮਾ ਦਾ ਨਾਮ ਸਿਮਰਦੇ ਰਹਿੰਦੇ ਹਨ, (ਇਸ ਤਰ੍ਹਾਂ ਆਪਣੇ ਅੰਦਰੋਂ ਵਿਕਾਰਾਂ ਦੀ) ਸਾਰੀ ਮੈਲ ਦੂਰ ਕਰਦੇ ਰਹਿੰਦੇ ਹਨ, (ਪਰਮਾਤਮਾ ਦਾ ਨਾਮ ਉਹਨਾਂ ਦੇ) ਸਾਰੇ ਪਾਪ ਦੂਰ ਕਰਦਾ ਰਹਿੰਦਾ ਹੈ।
33438	783	ਤਹ ਜਨਮ ਨ ਮਰਣਾ ਆਵਣ ਜਾਣਾ ਬਹੁੜਿ ਨ ਪਾਈਐ ਜੋਨੀਐ॥		Theh Janam N Maranaa Aavan Jaanaa Bahurr N Paaeeai Juoneeai ||	There is no birth or death there, no coming or going, and no entering into the womb of reincarnation again.	ਹੇ ਭਾਈ! ਉਸ ('ਅਬਿਚਲ ਨਗਰ') ਵਿਚ ਟਿਕਿਆਂ ਜਨਮ-ਮਰਨ ਦਾ ਗੇੜ ਨਹੀਂ ਰਹਿ ਜਾਂਦਾ, ਮੁੜ ਮੁੜ ਜੂਨਾਂ ਵਿਚ ਨਹੀਂ ਪਈਦਾ।

33439	783	ਨਾਨਕ ਗੁਰੁ ਪਰਮੇਸਰੁ ਪਾਇਆ ਜਿਸੁ ਪ੍ਰਸਾਦਿ ਇਛ ਪੁਨੀਐ॥੪॥੬॥੯॥		Naanak Gur Paramaesar Paaeiaa Jis Prasaadh Eishh Puneeai ||4||6||9||	Nanak has found the Guru, the Transcendent Lord; by His Grace, desires are fulfilled. ||4||6||9||	ਹੇ ਨਾਨਕ, (ਆਖ-ਹੇ) ਭਾਈ!) ਜਿਸ ਗੁਰੂ ਦੀ ਕਿਰਪਾ ਨਾਲ ਜਿਸ ਪ੍ਰਭੂ ਦੀ ਮਿਹਰ ਨਾਲ (ਮਨੁੱਖ ਦੀ) ਹਰੇਕ ਇੱਛਾ ਪੂਰੀ ਹੁੰਦੀ ਜਾਂਦੀ ਹੈ, ਉਹ ਗੁਰੂ ਉਹ ਪਰਮੇਸਰ (ਉਸ 'ਅਬਿਚਲ ਨਗਰ' ਵਿਚ ਟਿਕਿਆਂ) ਮਿਲ ਪੈਂਦਾ ਹੈ ॥੪॥੬॥੯॥
33440	783	ਸੂਹੀ ਮਹਲਾ ੫॥		Soohee Mehalaa 5 ||	Soohee, Fifth Mehl:	
33441	783	ਸੰਤਾ ਕੇ ਕਾਰਜਿ ਆਪਿ ਖਲੋਇਆ ਹਰਿ ਕੰਮੁ ਕਰਾਵਣਿ ਆਇਆ ਰਾਮ॥		Santhaa Kae Kaaraj Aap Khaloeiaa Har Kanm Karaavan Aaeiaa Raam ||	The Lord Himself has stood up to resolve the affairs of the Saints; He has come to complete their tasks.	ਹੇ ਭਾਈ! (ਪਰਮਾਤਮਾ ਦਾ ਇਹ ਮੁੱਢ-ਕਦੀਮਾਂ ਦਾ ਸੁਭਾਉ ਹੈ ਕਿ ਆਪਣੇ) ਸੰਤਾਂ ਦੇ ਕੰਮ ਵਿਚ ਉਹ ਆਪ ਸਹਾਈ ਹੁੰਦਾ ਰਿਹਾ ਹੈ, ਆਪਣੇ ਸੰਤਾਂ ਦਾ ਕੰਮ ਸਿਰੇ ਚੜ੍ਹਾਣ ਲਈ ਉਹ ਆਪ ਆਉਂਦਾ ਰਿਹਾ ਹੈ।
33442	783	ਧਰਤਿ ਸੁਹਾਵੀ ਤਾਲੁ ਸੁਹਾਵਾ ਵਿਚਿ ਅੰਮ੍ਰਿਤ ਜਲੁ ਛਾਇਆ ਰਾਮ॥		Dhharath Suhaavee Thaal Suhaavaa Vich Anmrith Jal Shhaaeiaa Raam ||	The land is beautiful, and the pool is beautiful; within it is contained the Ambrosial Water.	ਹੇ ਭਾਈ! (ਪਰਮਾਤਮਾ ਦੀ ਮਿਹਰ ਨਾਲ ਜਿਸ ਮਨੁੱਖ ਦੇ ਅੰਦਰ ਪਰਮਾਤਮਾ ਦਾ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਆਪਣਾ ਪੂਰਾ ਪ੍ਰਭਾਵ ਪਾ ਲੈਂਦਾ ਹੈ, ਉਸ ਮਨੁੱਖ ਦੀ (ਕਾਂਇਆਂ-) ਧਰਤੀ ਸੋਹਣੀ ਬਣ ਜਾਂਦੀ ਹੈ, ਉਸ ਮਨੁੱਖ ਦਾ (ਹਿਰਦਾ) ਤਲਾਬ ਸੋਹਣਾ ਹੋ ਜਾਂਦਾ ਹੈ।

33443	783	ਅੰਮ੍ਰਿਤ ਜਲੁ ਛਾਇਆ ਪੂਰਨ ਸਾਜੁ ਕਰਾਇਆ ਸਗਲ ਮਨੋਰਥ ਪੂਰੇ॥		Anmrith Jal Shhaaeiaa Pooran Saaj Karaaeiaa Sagal Manorathh Poorae ||	The Ambrosial Water is filling it, and my job is perfectly complete; all my desires are fulfilled.	(ਜਿਸ ਮਨੁੱਖ ਦੇ ਅੰਦਰ ਪਰਮਾਤਮਾ ਦਾ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਨਕਾ-ਨਕ ਭਰ ਜਾਂਦਾ ਹੈ, (ਆਤਮਕ ਜੀਵਨ ਉੱਚਾ ਕਰਨ ਵਾਲਾ ਉਸ ਮਨੁੱਖ ਦਾ) ਸਾਰਾ ਉੱਦਮ ਪਰਮਾਤਮਾ ਸਿਰੇ ਚਾੜ੍ਹ ਦੇਂਦਾ ਹੈ, (ਉਸ ਮਨੁੱਖ ਦੀਆਂ) ਸਾਰੀਆਂ ਮੁਰਾਦਾਂ ਪੂਰੀਆਂ ਹੋ ਜਾਂਦੀਆਂ ਹਨ।
33444	783	ਜੈ ਜੈਕਾਰੁ ਭਇਆ ਜਗ ਅੰਤਰਿ ਲਾਥੇ ਸਗਲ ਵਿਸੂਰੇ॥		Jai Jai Kaar Bhaeiaa Jag Anthar Laathhae Sagal Visoorae ||	Congratulations are pouring in from all over the world; all my sorrows are eliminated.	(ਉਸ ਮਨੁੱਖ ਦੀ) ਸੋਭਾ ਸਾਰੇ ਜਗਤ ਵਿਚ ਹੋਣ ਲੱਗ ਪੈਂਦੀ ਹੈ, (ਉਸ ਦੇ) ਸਾਰੇ ਚਿੰਤਾ-ਝੋਰੇ ਮੁੱਕ ਜਾਂਦੇ ਹਨ।
33445	783	ਪੂਰਨ ਪੁਰਖ ਅਚੁਤ ਅਬਿਨਾਸੀ ਜਸੁ ਵੇਦ ਪੁਰਾਣੀ ਗਾਇਆ॥	ਅ-ਚੁੱਤ	Pooran Purakh Achuth Abinaasee Jas Vaedh Puraanee Gaaeiaa ||	The Vedas and the Puraanas sing the Praises of the Perfect, Unchanging, Imperishable Primal Lord.	ਉਸ ਸਰਬ-ਵਿਆਪਕ ਅਤੇ ਕਦੇ ਨਾਹ ਨਾਸ ਹੋਣ ਵਾਲੇ ਪਰਮਾਤਮਾ ਦੀ (ਇਹੀ) ਸਿਫ਼ਤਿ (ਪੁਰਾਣੇ ਧਰਮ-ਪੁਸਤਕਾਂ) ਵੇਦਾਂ ਅਤੇ ਪੁਰਾਣਾਂ ਨੇ (ਭੀ) ਕੀਤੀ ਹੈ।

33446	783	ਅਪਨਾ ਬਿਰਦੁ ਰਖਿਆ ਪਰਮੇਸਰਿ ਨਾਨਕ ਨਾਮੁ ਧਿਆਇਆ॥੧॥		Apanaa Biradh Rakhiaa Paramaesar Naanak Naam Dhhiaaeiaa ||1||	The Transcendent Lord has kept His promise, and confirmed His nature; Nanak meditates on the Naam, the Name of the Lord. ||1||	ਹੇ ਨਾਨਕ! ਪਰਮੇਸਰ ਨੇ ਆਪਣਾ ਇਹ ਮੁੱਢ-ਕਦੀਮਾਂ ਦਾ ਸੁਭਾਉ ਸਦਾ ਹੀ ਕਾਇਮ ਰੱਖਿਆ ਹੈ (ਕਿ ਜਿਸ ਉਤੇ ਉਸ ਨੇ ਮਿਹਰ ਕੀਤੀ, ਉਸ ਨੇ ਉਸ ਦਾ) ਨਾਮ ਸਿਮਰਨਾ ਸ਼ੁਰੂ ਕਰ ਦਿੱਤਾ ॥੧॥
33447	783	ਨਵ ਨਿਧਿ ਸਿਧਿ ਰਿਧਿ ਦੀਨੇ ਕਰਤੇ ਤੋਟਿ ਨ ਆਵੈ ਕਾਈ ਰਾਮ॥		Nav Nidhh Sidhh Ridhh Dheenae Karathae Thott N Aavai Kaaee Raam ||	The Creator has given me the nine treasures, wealth and spiritual powers, and I do not lack anything.	ਹੇ ਭਾਈ! (ਜਿਹੜੇ ਮਨੁੱਖ ਮਾਲਕ-ਪ੍ਰਭੂ ਦੀ ਮਿਹਰ ਨਾਲ ਉਸ ਦੇ ਗੁਣ ਗਾਂਦੇ ਹਨ ਉਹਨਾਂ ਨੂੰ) ਕਰਤਾਰ ਨੇ ਇਹ ਇਕ ਅਜਿਹੀ ਦਾਤ ਬਖ਼ਸ਼ੀ ਹੈ ਜੋ, ਮਾਨੋ, ਧਰਤੀ ਦੇ ਸਾਰੇ ਹੀ ਨੌ ਖ਼ਜ਼ਾਨੇ ਹੈ ਜੋ, ਮਾਨੋ, ਸਾਰੀਆਂ ਕਰਾਮਾਤੀ ਤਾਕਤਾਂ ਹੈ, ਇਸ ਦਾਤ ਵਿਚ ਕਦੇ ਕੋਈ ਕਮੀ ਨਹੀਂ ਹੁੰਦੀ।
33448	784	ਖਾਤ ਖਰਚਤ ਬਿਲਛਤ ਸੁਖੁ ਪਾਇਆ ਕਰਤੇ ਕੀ ਦਾਤਿ ਸਵਾਈ ਰਾਮ॥		Khaath Kharachath Bilashhath Sukh Paaeiaa Karathae Kee Dhaath Savaaee Raam ||	Eating, spending and enjoying, I have found peace; the gifts of the Creator Lord continually increase.	ਇਸ ਨਾਮ- ਦਾਤ ਨੂੰ ਖਾਂਦਿਆਂ ਵੰਡਦਿਆਂ ਤੇ ਮਾਣਦਿਆਂ ਉਹ ਆਤਮਕ ਆਨੰਦ ਮਾਣਦੇ ਹਨ, ਕਰਤਾਰ ਦੀ ਇਹ ਬਖ਼ਸ਼ਸ਼ (ਦਿਨੋ ਦਿਨ) ਵਧਦੀ ਰਹਿੰਦੀ ਹੈ।

33449	784	ਦਾਤਿ ਸਵਾਈ ਨਿਖੁਟਿ ਨ ਜਾਈ ਅੰਤਰਜਾਮੀ ਪਾਇਆ॥		Dhaath Savaaee Nikhutt N Jaaee Antharajaamee Paaeiaa ||	His gifts increase and shall never be exhausted; I have found the Inner-knower, the Searcher of hearts.	(ਯਕੀਨ ਜਾਣੋ, ਇਹ) ਦਾਤ ਵਧਦੀ ਰਹਿੰਦੀ ਹੈ, ਕਦੇ ਮੁੱਕਦੀ ਨਹੀਂ, ਇਸ ਦਾਤ ਦੀ ਬਰਕਤਿ ਨਾਲ ਉਹਨਾਂ ਨੂੰ ਹਰੇਕ ਦਿਲ ਦੀ ਜਾਣਨ ਵਾਲਾ ਪਰਮਾਤਮਾ ਮਿਲ ਪੈਂਦਾ ਹੈ।
33450	784	ਕੋਟਿ ਬਿਘਨ ਸਗਲੇ ਉਠਿ ਨਾਠੇ ਦੂਖੁ ਨ ਨੇੜੈ ਆਇਆ॥		Kott Bighan Sagalae Outh Naathae Dhookh N Naerrai Aaeiaa ||	Millions of obstacles have all been removed, and pain does not even approach me.	(ਜ਼ਿੰਦਗੀ ਦੇ ਸਫ਼ਰ ਵਿਚ ਆਉਣ ਵਾਲੀਆਂ) ਕ੍ਰੋੜਾਂ ਰੁਕਾਵਟਾਂ (ਉਹਨਾਂ ਦੇ ਰਸਤੇ ਵਿਚੋਂ) ਸਾਰੀਆਂ ਹੀ ਦੂਰ ਹੋ ਜਾਂਦੀਆਂ ਹਨ, ਕੋਈ ਦੁੱਖ ਉਹਨਾਂ ਦੇ ਨੇੜੇ ਨਹੀਂ ਢੁਕਦਾ।
33451	784	ਸਾਂਤਿ ਸਹਜ ਆਨੰਦ ਘਨੇਰੇ ਬਿਨਸੀ ਭੂਖ ਸਬਾਈ॥		Saanth Sehaj Aanandh Ghanaerae Binasee Bhookh Sabaaee ||	Tranquility, peace, poise and bliss in abundance prevail, and all my hunger is satisfied.	(ਉਹਨਾਂ ਦੇ ਅੰਦਰੋਂ ਮਾਇਆ ਦੀ) ਸਾਰੀ ਹੀ ਭੁੱਖ ਨਾਸ ਹੋ ਜਾਂਦੀ ਹੈ, (ਉਹਨਾਂ ਦੇ ਅੰਦਰ) ਠੰਢ ਵਰਤੀ ਰਹਿੰਦੀ ਹੈ, ਆਤਮਕ ਅਡੋਲਤਾ ਦੇ ਅਨੇਕਾਂ ਆਨੰਦ ਬਣੇ ਰਹਿੰਦੇ ਹਨ।
33452	784	ਨਾਨਕ ਗੁਣ ਗਾਵਹਿ ਸੁਆਮੀ ਕੇ ਅਚਰਜੁ ਜਿਸੁ ਵਡਿਆਈ ਰਾਮ॥੨॥	ਅ-ਚਰਜੁ	Naanak Gun Gaavehi Suaamee Kae Acharaj Jis Vaddiaaee Raam ||2||	Nanak sings the Glorious Praises of his Lord and Master, whose Glorious Greatness is wonderful and amazing. ||2||	ਹੇ ਨਾਨਕ! ਉਹ ਮਨੁੱਖ ਉਸ ਮਾਲਕ-ਪ੍ਰਭੂ ਦੇ ਗੁਣ ਗਾਂਦੇ ਰਹਿੰਦੇ ਹਨ, ਜਿਸ ਦੀ ਵਡਿਆਈ ਕਰਨਾ ਹੈਰਾਨ ਕਰ ਦੇਣ ਵਾਲਾ ਉੱਦਮ ਹੈ ॥੨॥

33453	784	ਜਿਸ ਕਾ ਕਾਰਜੁ ਤਿਨ ਹੀ ਕੀਆ ਮਾਣਸੁ ਕਿਆ ਵੇਚਾਰਾ ਰਾਮ॥		Jis Kaa Kaaraj Thin Hee Keeaa Maanas Kiaa Vaechaaraa Raam ||	It was His job, and He has done it; what can the mere mortal being do?	ਹੇ ਭਾਈ! (ਸੰਤ ਜਨਾਂ ਨੂੰ ਆਪਣੇ ਚਰਨਾਂ ਨਾਲ ਜੋੜਨਾ-ਇਹ) ਕੰਮ ਜਿਸ (ਪਰਮਾਤਮਾ) ਦਾ (ਆਪਣਾ) ਹੈ, ਉਸ ਨੇ ਹੀ (ਸਦਾ ਇਹ ਕੰਮ) ਕੀਤਾ ਹੈ, ਇਹ ਕੰਮ ਕਰਨ ਲਈ) ਮਨੁੱਖ ਦੀ ਕੋਈ ਸਮਰਥਾ ਨਹੀਂ।
33454	784	ਭਗਤ ਸੋਹਨਿ ਹਰਿ ਕੇ ਗੁਣ ਗਾਵਹਿ ਸਦਾ ਕਰਹਿ ਜੈਕਾਰਾ ਰਾਮ॥		Bhagath Sohan Har Kae Gun Gaavehi Sadhaa Karehi Jaikaaraa Raam ||	The devotees are adorned, singing the Glorious Praises of the Lord; they proclaim His eternal victory.	(ਉਸੇ ਦੀ ਮਿਹਰ ਨਾਲ ਉਸ ਦੇ) ਭਗਤ (ਉਸ) ਹਰੀ ਦੇ ਗੁਣ ਗਾਂਦੇ ਰਹਿੰਦੇ ਹਨ, ਸਦਾ ਸਿਫ਼ਤਿ-ਸਾਲਾਹ ਕਰਦੇ ਰਹਿੰਦੇ ਹਨ, ਅਤੇ ਸੋਹਣੇ ਆਤਮਕ ਜੀਵਨ ਵਾਲੇ ਬਣਦੇ ਜਾਂਦੇ ਹਨ।
33455	784	ਗੁਣ ਗਾਇ ਗੋਬਿੰਦ ਅਨਦ ਉਪਜੇ ਸਾਧਸੰਗਤਿ ਸੰਗਿ ਬਨੀ॥		Gun Gaae Gobindh Anadh Oupajae Saadhhasangath Sang Banee ||	Singing the Glorious Praises of the Lord of the Universe, bliss wells up, and we are friends with the Saadh Sangat, the Company of the Holy.	ਪਰਮਾਤਮਾ ਦੇ ਗੁਣ ਗਾ ਗਾ ਕੇ (ਉਹਨਾਂ ਦੇ ਅੰਦਰ ਆਤਮਕ) ਆਨੰਦ (ਦੇ ਹੁਲਾਰੇ) ਪੈਦਾ ਹੁੰਦੇ ਰਹਿੰਦੇ ਹਨ, ਸਾਧ ਸੰਗਤਿ ਵਿਚ (ਟਿਕ ਕੇ ਪਰਮਾਤਮਾ) ਨਾਲ (ਉਹਨਾਂ ਦੀ ਪ੍ਰੀਤ) ਬਣੀ ਰਹਿੰਦੀ ਹੈ।

33456	784	ਜਿਨਿ ਉਦਮੁ ਕੀਆ ਤਾਲ ਕੇਰਾ ਤਿਸ ਕੀ ਉਪਮਾ ਕਿਆ ਗਨੀ॥		Jin Oudham Keeaa Thaal Kaeraa This Kee Oupamaa Kiaa Ganee ||	He who made the effort to construct this sacred pool - how can his praises be recounted?	ਹੇ ਭਾਈ! ਜਿਸ (ਪਰਮਾਤਮਾ) ਨੇ (ਸੰਤ ਜਨਾਂ ਦੇ ਹਿਰਦੇ-) ਤਾਲ (ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਭਰਨ) ਦਾ ਉੱਦਮ (ਸਦਾ) ਕੀਤਾ ਹੈ, ਮੈਂ ਉਸ ਦੀ ਕੋਈ ਵਡਿਆਈ ਬਿਆਨ ਕਰਨ ਜੋਗਾ ਨਹੀਂ ਹਾਂ।
33457	784	ਅਠਸਠਿ ਤੀਰਥ ਪੁੰਨ ਕਿਰਿਆ ਮਹਾ ਨਿਰਮਲ ਚਾਰਾ॥		Athasath Theerathh Punn Kiriaa Mehaa Niramal Chaaraa ||	The merits of the sixty-eight sacred shrines of pilgrimage, charity, good deeds and immaculate lifestyle, are found in this sacred pool.	ਹੇ ਭਾਈ! ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਮ ਭਰਪੂਰ ਇਸ ਸੰਤ-ਹਿਰਦੇ ਵਿਚ ਹੀ) ਅਠਾਹਠ ਤੀਰਥ ਆ ਜਾਂਦੇ ਹਨ, ਵੱਡੇ ਵੱਡੇ ਪਵਿੱਤਰ ਤੇ ਸੁੰਦਰ ਪੁੰਨ-ਕਰਮ ਆ ਜਾਂਦੇ ਹਨ।
33458	784	ਪਤਿਤ ਪਾਵਨੁ ਬਿਰਦੁ ਸੁਆਮੀ ਨਾਨਕ ਸਬਦ ਅਧਾਰਾ॥੩॥		Pathith Paavan Biradh Suaamee Naanak Sabadh Adhhaaraa ||3||	It is the natural way of the Lord and Master to purify sinners; Nanak takes the Support of the Word of the Shabad. ||3||	ਹੇ ਨਾਨਕ! ਗੁਰੂ ਦੇ ਸ਼ਬਦ ਦਾ ਆਸਰਾ (ਦੇ ਕੇ) ਵੱਡੇ ਵੱਡੇ ਵਿਕਾਰੀਆਂ ਨੂੰ ਪਵਿੱਤਰ ਕਰ ਦੇਣਾ-ਮਾਲਕ-ਪ੍ਰਭੂ ਦਾ ਇਹ ਮੁੱਢ-ਕਦੀਮਾਂ ਦਾ ਸੁਭਾਉ ਤੁਰਿਆ ਆ ਰਿਹਾ ਹੈ ॥੩॥
33459	784	ਗੁਣ ਨਿਧਾਨ ਮੇਰਾ ਪ੍ਰਭੁ ਕਰਤਾ ਉਸਤਤਿ ਕਉਨੁ ਕਰੀਜੈ ਰਾਮ॥		Gun Nidhhaan Maeraa Prabh Karathaa Ousathath Koun Kareejai Raam ||	The treasure of virtue is my God, the Creator Lord; what Praises of Yours should I sing, O Lord?	ਹੇ ਭਾਈ! ਮੇਰਾ ਕਰਤਾਰ ਮੇਰਾ ਪ੍ਰਭੂ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ। ਕੋਈ ਭੀ ਅਜਿਹਾ ਮਨੁੱਖ ਨਹੀਂ, ਜਿਸ ਪਾਸੋਂ (ਉਸ ਦੀ ਪੂਰੀ) ਵਡਿਆਈ ਕੀਤੀ ਜਾ ਸਕੇ।

33460	784	ਸੰਤਾ ਕੀ ਬੇਨੰਤੀ ਸੁਆਮੀ ਨਾਮੁ ਮਹਾ ਰਸੁ ਦੀਜੈ ਰਾਮ॥		Santhaa Kee Baenanthee Suaamee Naam Mehaa Ras Dheejai Raam ||	The prayer of the Saints is, ""O Lord and Master, please bless us with the supreme, sublime essence of Your Name.""	(ਉਸ ਦੇ) ਸੰਤ-ਜਨਾਂ ਦੀ (ਉਸ ਦੇ ਦਰ ਤੇ ਸਦਾ ਇਹ) ਅਰਦਾਸ ਹੁੰਦੀ ਹੈ-ਹੇ ਮਾਲਕ ਪ੍ਰਭੂ! ਬੇਅੰਤ ਸੁਆਦਲਾ ਆਪਣਾ ਨਾਮ ਬਖ਼ਸ਼ੀ ਰੱਖ;
33461	784	ਨਾਮੁ ਦੀਜੈ ਦਾਨੁ ਕੀਜੈ ਬਿਸਰੁ ਨਾਹੀ ਇਕ ਖਿਨੋ॥		Naam Dheejai Dhaan Keejai Bisar Naahee Eik Khino ||	Please, grant us Your Name, grant us this blessing, and do not forget us, even for an instant.	ਇਹ ਮਿਹਰ ਕਰ ਕਿ ਆਪਣਾ ਨਾਮ ਬਖ਼ਸ਼ੀ ਰੱਖ, ਇਕ ਖਿਨ ਭਰ ਭੀ (ਸਾਡੇ ਹਿਰਦੇ ਵਿਚੋਂ) ਨਾਹ ਭੁੱਲ।
33462	784	ਗੁਣ ਗੋਪਾਲ ਉਚਰੁ ਰਸਨਾ ਸਦਾ ਗਾਈਐ ਅਨ ਦਿਨੋ॥		Gun Gopaal Ouchar Rasanaa Sadhaa Gaaeeai Anadhino ||	Chant the Glorious Praises of the World-Lord, O my tongue; sing them forever, night and day.	ਹੇ ਭਾਈ! (ਆਪਣੀ) ਜੀਭ ਨਾਲ ਗੋਪਾਲ ਦੇ ਗੁਣ ਉਚਾਰਦਾ ਰਿਹਾ ਕਰ। ਹਰ ਵੇਲੇ ਉਸ ਦੀ ਸਿਫ਼ਤਿ-ਸਾਲਾਹ ਕਰਦੇ ਰਹਿਣਾ ਚਾਹੀਦਾ ਹੈ।
33463	784	ਜਿਸੁ ਪ੍ਰੀਤਿ ਲਾਗੀ ਨਾਮ ਸੇਤੀ ਮਨੁ ਤਨੁ ਅੰਮ੍ਰਿਤ ਭੀਜੈ॥		Jis Preeth Laagee Naam Saethee Man Than Anmrith Bheejai ||	One who enshrines love for the Naam, the Name of the Lord, his mind and body are drenched with Ambrosial Nectar.	ਪਰਮਾਤਮਾ ਦੇ ਨਾਮ ਨਾਲ ਜਿਸ ਮਨੁੱਖ ਦਾ ਪਿਆਰ ਬਣ ਜਾਂਦਾ ਹੈ, ਉਸ ਦਾ ਮਨ ਉਸ ਦਾ ਤਨ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ (ਸਦਾ) ਤਰ ਰਹਿੰਦਾ ਹੈ।

33464	784	ਬਿਨਵੰਤਿ ਨਾਨਕ ਇਛ ਪੁੰਨੀ ਪੇਖਿ ਦਰਸਨੁ ਜੀਜੈ॥੪॥੭॥੧੦॥		Binavanth Naanak Eishh Punnee Paekh Dharasan Jeejai ||4||7||10||	Prays Nanak, my desires have been fulfilled; gazing upon the Blessed Vision of the Lord, I live. ||4||7||10||	ਨਾਨਕ ਬੇਨਤੀ ਕਰਦਾ ਹੈ-ਹੇ ਭਾਈ! (ਪਰਮਾਤਮਾ ਦਾ) ਦਰਸਨ ਕਰ ਕੇ ਆਤਮਕ ਜੀਵਨ ਮਿਲ ਜਾਂਦਾ ਹੈ, ਹਰੇਕ ਇੱਛਾ ਪੂਰੀ ਹੋ ਜਾਂਦੀ ਹੈ ॥੪॥੭॥੧੦॥
33465	784	ਰਾਗੁ ਸੂਹੀ ਮਹਲਾ ੫ ਛੰਤ		Raag Soohee Mehalaa 5 Shhantha	Raag Soohee, Fifth Mehl, Chhant:	ਰਾਗ ਸੂਹੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ' (ਛੰਦ)।
33466	784	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
33467	784	ਮਿਠ ਬੋਲੜਾ ਜੀ ਹਰਿ ਸਜਣੁ ਸੁਆਮੀ ਮੋਰਾ॥	ਮਿੱਠ	Mith Bolarraa Jee Har Sajan Suaamee Moraa ||	My Dear Lord and Master, my Friend, speaks so sweetly.	ਹੇ ਭਾਈ! ਮੇਰਾ ਮਾਲਕ-ਪ੍ਰਭੂ ਮਿੱਠੇ ਬੋਲ ਬੋਲਣ ਵਾਲਾ ਪਿਆਰਾ ਮਿੱਤਰ ਹੈ।
33468	784	ਹਉ ਸੰਮਲਿ ਥਕੀ ਜੀ ਓਹੁ ਕਦੇ ਨ ਬੋਲੈ ਕਉਰਾ॥		Ho Sanmal Thhakee Jee Ouhu Kadhae N Bolai Kouraa ||	I have grown weary of testing Him, but still, He never speaks harshly to me.	ਮੈਂ ਚੇਤੇ ਕਰ ਕਰ ਕੇ ਥੱਕ ਗਈ ਹਾਂ (ਕਿ ਉਸ ਦਾ ਕਦੇ ਕੌੜਾ ਬੋਲ ਬੋਲਿਆ ਯਾਦ ਆ ਜਾਏ, ਪਰ) ਉਹ ਕਦੇ ਭੀ ਕੌੜਾ ਬੋਲ ਨਹੀਂ ਬੋਲਦਾ।

33469	784	ਕਉੜਾ ਬੋਲਿ ਨ ਜਾਨੈ ਪੂਰਨ ਭਗਵਾਨੈ ਅਉਗਣੁ ਕੋ ਨ ਚਿਤਾਰੇ॥		Kourraa Bol N Jaanai Pooran Bhagavaanai Aougan Ko N Chithaarae ||	He does not know any bitter words; the Perfect Lord God does not even consider my faults and demerits.	ਹੇ ਭਾਈ! ਉਹ ਸਾਰੇ ਗੁਣਾਂ ਨਾਲ ਭਰਪੂਰ ਭਗਵਾਨ ਕੌੜਾ (ਖਰਵਾ) ਬੋਲਣਾ ਜਾਣਦਾ ਹੀ ਨਹੀਂ, (ਕਿਉਂਕਿ ਉਹ ਸਾਡਾ) ਕੋਈ ਭੀ ਔਗੁਣ ਚੇਤੇ ਹੀ ਨਹੀਂ ਰੱਖਦਾ।
33470	784	ਪਤਿਤ ਪਾਵਨੁ ਹਰਿ ਬਿਰਦੁ ਸਦਾਏ ਇਕੁ ਤਿਲੁ ਨਹੀ ਭੰਨੈ ਘਾਲੇ॥		Pathith Paavan Har Biradh Sadhaaeae Eik Thil Nehee Bhannai Ghaalae ||	It is the Lord's natural way to purify sinners; He does not overlook even an iota of service.	ਉਹ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ ਹੈ-ਇਹ ਉਸ ਦਾ ਮੁੱਢ-ਕਦੀਮਾਂ ਦਾ ਸੁਭਾਉ ਦੱਸਿਆ ਜਾਂਦਾ ਹੈ, (ਅਤੇ ਉਹ ਕਿਸੇ ਦੀ ਭੀ) ਕੀਤੀ ਘਾਲ-ਕਮਾਈ ਨੂੰ ਰਤਾ ਭਰ ਭੀ ਵਿਅਰਥ ਨਹੀਂ ਜਾਣ ਦੇਂਦਾ।
33471	784	ਘਟ ਘਟ ਵਾਸੀ ਸਰਬ ਨਿਵਾਸੀ ਨੇਰੈ ਹੀ ਤੇ ਨੇਰਾ॥		Ghatt Ghatt Vaasee Sarab Nivaasee Naerai Hee Thae Naeraa ||	He dwells in each and every heart, pervading everywhere; He is the nearest of the near.	ਹੇ ਭਾਈ! ਮੇਰਾ ਸੱਜਣ ਹਰੇਕ ਸਰੀਰ ਵਿਚ ਵੱਸਦਾ ਹੈ, ਸਭ ਜੀਵਾਂ ਵਿਚ ਵੱਸਦਾ ਹੈ, ਹਰੇਕ ਜੀਵ ਦੇ ਅੱਤ ਨੇੜੇ ਵੱਸਦਾ ਹੈ।
33472	784	ਨਾਨਕ ਦਾਸੁ ਸਦਾ ਸਰਣਾਗਤਿ ਹਰਿ ਅੰਮ੍ਰਿਤ ਸਜਣੁ ਮੇਰਾ॥੧॥		Naanak Dhaas Sadhaa Saranaagath Har Anmrith Sajan Maeraa ||1||	Slave Nanak seeks His Sanctuary forever; the Lord is my Ambrosial Friend. ||1||	ਦਾਸ ਨਾਨਕ ਸਦਾ ਉਸ ਦੀ ਸਰਨ ਪਿਆ ਰਹਿੰਦਾ ਹੈ। ਹੇ ਭਾਈ! ਮੇਰਾ ਸੱਜਣ ਪ੍ਰਭੂ ਆਤਮਕ ਜੀਵਨ ਦੇਣ ਵਾਲਾ ਹੈ ॥੧॥

33473	784	ਹਉ ਬਿਸਮੁ ਭਈ ਜੀ ਹਰਿ ਦਰਸਨੁ ਦੇਖਿ ਅਪਾਰਾ॥		Ho Bisam Bhee Jee Har Dharasan Dhaekh Apaaraa ||	I am wonder-struck, gazing upon the incomparable Blessed Vision of the Lord's Darshan.	ਹੇ ਭਾਈ! ਉਸ ਬੇਅੰਤ ਹਰੀ ਦਾ ਦਰਸਨ ਕਰ ਕੇ ਮੈਂ ਹੈਰਾਨ ਪਈ ਹੁੰਦੀ ਹਾਂ।
33474	784	ਮੇਰਾ ਸੁੰਦਰੁ ਸੁਆਮੀ ਜੀ ਹਉ ਚਰਨਕਮਲ ਪਗ ਛਾਰਾ॥		Maeraa Sundhar Suaamee Jee Ho Charan Kamal Pag Shhaaraa ||	My Dear Lord and Master is so beautiful; I am the dust of His Lotus Feet.	ਹੇ ਭਾਈ! ਉਹ ਮੇਰਾ ਸੋਹਣਾ ਮਾਲਕ ਹੈ, ਮੈਂ ਉਸ ਦੇ ਸੋਹਣੇ ਚਰਨਾਂ ਦੀ ਧੂੜ ਹਾਂ।
33475	784	ਪ੍ਰਭ ਪੇਖਤ ਜੀਵਾ ਠੰਢੀ ਥੀਵਾ ਤਿਸੁ ਜੇਵਡੁ ਅਵਰੁ ਨ ਕੋਈ॥		Prabh Paekhath Jeevaa Thandtee Thheevaa This Jaevadd Avar N Koee ||	Gazing upon God, I live, and I am at peace; no one else is as great as He is.	ਹੇ ਭਾਈ! ਪ੍ਰਭੂ ਦਾ ਦਰਸਨ ਕਰਦਿਆਂ ਮੇਰੇ ਅੰਦਰ ਜਿੰਦ ਪੈ ਜਾਂਦੀ ਹੈ, ਮੈਂ ਸ਼ਾਂਤ-ਚਿੱਤ ਹੋ ਜਾਂਦੀ ਹਾਂ, ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ।
33476	784	ਆਦਿ ਅੰਤਿ ਮਧਿ ਪ੍ਰਭੁ ਰਵਿਆ ਜਲਿ ਥਲਿ ਮਹੀਅਲਿ ਸੋਈ॥		Aadh Anth Madhh Prabh Raviaa Jal Thhal Meheeal Soee ||	Present at the beginning, end and middle of time, He pervades the sea, the land and the sky.	ਜਗਤ ਦੇ ਸ਼ੁਰੂ ਵਿਚ ਉਹੀ ਸੀ, ਜਗਤ ਦੇ ਅਖ਼ੀਰ ਵਿਚ ਉਹੀ ਹੋਵੇਗਾ, ਹੁਣ ਇਸ ਵੇਲੇ ਭੀ ਉਹੀ ਹੈ। ਪਾਣੀ ਵਿਚ, ਧਰਤੀ ਵਿਚ, ਆਕਾਸ਼ ਵਿਚ ਉਹੀ ਵੱਸਦਾ ਹੈ।
33477	784	ਚਰਨਕਮਲ ਜਪਿ ਸਾਗਰੁ ਤਰਿਆ ਭਵਜਲ ਉਤਰੇ ਪਾਰਾ॥		Charan Kamal Jap Saagar Thariaa Bhavajal Outharae Paaraa ||	Meditating on His Lotus Feet, I have crossed over the sea, the terrifying world-ocean.	ਹੇ ਭਾਈ! ਉਸ ਦੇ ਸੋਹਣੇ ਚਰਨਾਂ ਦਾ ਧਿਆਨ ਧਰ ਕੇ ਸੰਸਾਰ-ਸਮੁੰਦਰ ਤਰਿਆ ਜਾ ਸਕਦਾ ਹੈ, ਅਨੇਕਾਂ ਹੀ ਜੀਵ ਸੰਸਾਰ-ਸਮੁੰਦਰ ਤੋਂ ਪਾਰ ਲੰਘਦੇ ਆ ਰਹੇ ਹਨ।

33478	784	ਨਾਨਕ ਸਰਣਿ ਪੂਰਨ ਪਰਮੇਸੁਰ ਤੇਰਾ ਅੰਤੁ ਨ ਪਾਰਾਵਾਰਾ॥੨॥		Naanak Saran Pooran Paramaesur Thaeraa Anth N Paaraavaaraa ||2||	Nanak seeks the Sanctuary of the Perfect Transcendent Lord; You have no end or limitation, Lord. ||2||	ਹੇ ਨਾਨਕ! (ਆਖ-) ਹੇ ਪੂਰਨ ਪਰਮੇਸਰ! ਮੈਂ ਤੇਰੀ ਸਰਨ ਆਇਆ ਹਾਂ, ਤੇਰੀ ਹਸਤੀ ਦਾ ਅੰਤ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ ਹੈ ॥੨॥
33479	784	ਹਉ ਨਿਮਖ ਨ ਛੋਡਾ ਜੀ ਹਰਿ ਪ੍ਰੀਤਮ ਪ੍ਰਾਨ ਅਧਾਰੋ॥		Ho Nimakh N Shhoddaa Jee Har Preetham Praan Adhhaaro ||	I shall not forsake, even for an instant, my Dear Beloved Lord, the Support of the breath of life.	ਹੇ ਭਾਈ! ਪ੍ਰੀਤਮ ਹਰੀ (ਅਸਾਂ ਜੀਵਾਂ ਦੀ) ਜਿੰਦ ਦਾ ਆਸਰਾ ਹੈ, ਮੈਂ ਅੱਖ ਝਮਕਣ ਜਿਤਨੇ ਸਮੇ ਲਈ ਭੀ ਉਸ ਦੀ ਯਾਦ ਨਹੀਂ ਛੱਡਾਂਗਾ।
33480	784	ਗੁਰਿ ਸਤਿਗੁਰ ਕਹਿਆ ਜੀ ਸਾਚਾ ਅਗਮ ਬੀਚਾਰੋ॥	(ਅ-ਗਮ) ਸੋਗ ਰਹਿਤ।ਅਗਮ:ਪੋਲਾ ਬੋਲੋ	Gur Sathigur Kehiaa Jee Saachaa Agam Beechaaro ||	The Guru, the True Guru, has instructed me in the contemplation of the True, Inaccessible Lord.	ਗੁਰੂ ਨੇ (ਮੈਨੂੰ) ਅਪਹੁੰਚ ਪਰਮਾਤਮਾ (ਨਾਲ ਮਿਲਾਪ) ਬਾਰੇ ਇਹ ਅਟੱਲ ਵਿਚਾਰ ਦੀ ਗੱਲ ਦੱਸੀ ਹੈ।
33481	784	ਮਿਲਿ ਸਾਧੂ ਦੀਨਾ ਤਾ ਨਾਮੁ ਲੀਨਾ ਜਨਮ ਮਰਣ ਦੁਖ ਨਾਠੇ॥		Mil Saadhhoo Dheenaa Thaa Naam Leenaa Janam Maran Dhukh Naathae ||	Meeting with the humble, Holy Saint, I obtained the Naam, the Name of the Lord, and the pains of birth and death left me.	ਹੇ ਭਾਈ! ਗੁਰੂ ਨੂੰ ਮਿਲ ਕੇ (ਜਦੋਂ ਗੁਰੂ ਦੀ ਰਾਹੀਂ ਨਾਮ ਦਾਤਿ) ਮਿਲਦੀ ਹੈ, ਤਦੋਂ ਹੀ ਪਰਮਾਤਮਾ ਦਾ ਨਾਮ ਜਪਿਆ ਜਾ ਸਕਦਾ ਹੈ, (ਜਿਹੜਾ ਮਨੁੱਖ ਨਾਮ ਜਪਦਾ ਹੈ, ਉਸ ਦੇ) ਜਨਮ ਤੋਂ ਮਰਨ ਤਕ ਦੇ ਸਾਰੇ ਦੁੱਖ ਨਾਸ ਹੋ ਜਾਂਦੇ ਹਨ।

33482	784	ਸਹਜ ਸੂਖ ਆਨੰਦ ਘਨੇਰੇ ਹਉਮੈ ਬਿਨਠੀ ਗਾਠੇ॥		Sehaj Sookh Aanandh Ghanaerae Houmai Binathee Gaathae ||	I have been blessed with peace, poise and abundant bliss, and the knot of egotism has been untied.	(ਉਸ ਦੇ ਅੰਦਰ) ਆਤਮਕ ਅਡੋਲਤਾ ਦੇ ਅਨੇਕਾਂ ਸੁਖ ਆਨੰਦ ਪੈਦਾ ਹੋ ਜਾਂਦੇ ਹਨ, (ਉਸ ਦੇ ਅੰਦਰੋਂ) ਹਉਮੈ ਦੀ ਗੰਢ ਨਾਸ ਹੋ ਜਾਂਦੀ ਹੈ।
33483	785	ਸਭ ਕੈ ਮਧਿ ਸਭਹੂ ਤੇ ਬਾਹਰਿ ਰਾਗ ਦੋਖ ਤੇ ਨਿਆਰੋ॥	ਮਧਿ:ਪੋਲਾ ਬੋਲੋ	Sabh Kai Madhh Sabh Hoo Thae Baahar Raag Dhokh Thae Niaaro ||	He is inside all, and outside of all; He is untouched by love or hate.	ਪਰਮਾਤਮਾ ਸਭ ਜੀਵਾਂ ਦੇ ਅੰਦਰ ਹੈ, ਸਭ ਤੋਂ ਵੱਖਰਾ ਭੀ ਹੈ, (ਸਭ ਦੇ ਅੰਦਰ ਹੁੰਦਾ ਹੋਇਆ ਭੀ ਉਹ) ਮੋਹ ਅਤੇ ਈਰਖਾ (ਆਦਿਕ) ਤੋਂ ਨਿਰਲੇਪ ਰਹਿੰਦਾ ਹੈ।
33484	785	ਨਾਨਕ ਦਾਸ ਗੋਬਿੰਦ ਸਰਣਾਈ ਹਰਿ ਪ੍ਰੀਤਮੁ ਮਨਹਿ ਸਧਾਰੋ॥੩॥		Naanak Dhaas Gobindh Saranaaee Har Preetham Manehi Sadhhaaro ||3||	Slave Nanak has entered the Sanctuary of the Lord of the Universe; the Beloved Lord is the Support of the mind. ||3||	ਹੇ ਨਾਨਕ! ਉਸ ਦੇ ਸੇਵਕ ਸਦਾ ਉਸ ਦੀ ਸਰਨ ਪਏ ਰਹਿੰਦੇ ਹਨ, ਉਹ ਪ੍ਰੀਤਮ ਹਰੀ ਸਭ ਜੀਵਾਂ ਦੇ ਮਨ ਦਾ ਆਸਰਾ (ਬਣਿਆ ਰਹਿੰਦਾ ਹੈ) ॥੩॥
33485	785	ਮੈ ਖੋਜਤ ਖੋਜਤ ਜੀ ਹਰਿ ਨਿਹਚਲੁ ਸੁਘਰੁ ਪਾਇਆ॥	(ਸੁ-ਘਰੁ)ਬ੍ਰਹਮ ਜੀ	Mai Khojath Khojath Jee Har Nihachal S Ghar Paaeiaa ||	I searched and searched, and found the immovable, unchanging home of the Lord.	ਹੇ ਭਾਈ! ਭਾਲ ਕਰਦਿਆਂ ਕਰਦਿਆਂ ਮੈਂ ਹਰੀ ਪ੍ਰਭੂ ਦਾ ਉਹ ਟਿਕਾਣਾ ਲੱਭ ਲਿਆ ਹੈ, ਜੋ ਕਦੇ ਭੀ ਡੋਲਦਾ ਨਹੀਂ।

33486	785	ਸਭਿ ਅਧ੍ਰੁਵ ਡਿਠੇ ਜੀਉ ਤਾ ਚਰਨਕਮਲ ਚਿਤੁ ਲਾਇਆ॥	(ਅਧ੍ਰੁਵ)ਚਲਾਇਮਾਨ	Sabh Adhhraav Ddithae Jeeo Thaa Charan Kamal Chith Laaeiaa ||	I have seen that everything is transitory and perishable, and so I have linked my consciousness to the Lotus Feet of the Lord.	ਜਦੋਂ ਮੈਂ ਵੇਖਿਆ ਕਿ (ਜਗਤ ਦੇ) ਸਾਰੇ (ਪਦਾਰਥ) ਨਾਸਵੰਤ ਹਨ, ਤਦੋਂ ਮੈਂ ਪ੍ਰਭੂ ਦੇ ਸੋਹਣੇ ਚਰਨਾਂ ਵਿਚ (ਆਪਣਾ) ਮਨ ਜੋੜ ਲਿਆ।
33487	785	ਪ੍ਰਭੁ ਅਬਿਨਾਸੀ ਹਉ ਤਿਸ ਕੀ ਦਾਸੀ ਮਰੈ ਨ ਆਵੈ ਜਾਏ॥		Prabh Abinaasee Ho This Kee Dhaasee Marai N Aavai Jaaeae ||	God is eternal and unchanging, and I am just His hand-maiden; He does not die, or come and go in reincarnation.	ਹੇ ਭਾਈ! ਪਰਮਾਤਮਾ ਕਦੇ ਨਾਸ ਹੋਣ ਵਾਲਾ ਨਹੀਂ, ਮੈਂ (ਤਾਂ) ਉਸ ਦੀ ਦਾਸੀ ਬਣ ਗਈ ਹਾਂ, ਉਹ ਕਦੇ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ।
33488	785	ਧਰਮ ਅਰਥ ਕਾਮ ਸਭਿ ਪੂਰਨ ਮਨਿ ਚਿੰਦੀ ਇਛ ਪੁਜਾਏ॥	ਇੱਛ।ਪੁੱਜਾਏ	Dhharam Arathh Kaam Sabh Pooran Man Chindhee Eishh Pujaaeae ||	He is overflowing with Dharmic faith, wealth and success; He fulfills the desires of the mind.	(ਦੁਨੀਆ ਦੇ ਵੱਡੇ ਵੱਡੇ ਪ੍ਰਸਿੱਧ ਪਦਾਰਥ) ਧਰਮ ਅਰਥ ਕਾਮ (ਆਦਿਕ) ਸਾਰੇ ਹੀ (ਉਸ ਪ੍ਰਭੂ ਵਿਚ) ਮੌਜੂਦ ਹਨ, ਉਹ ਪ੍ਰਭੂ (ਜੀਵ ਦੇ) ਮਨ ਵਿਚ ਚਿਤਵੀ ਹੋਈ ਹਰੇਕ ਕਾਮਨਾ ਪੂਰੀ ਕਰ ਦੇਂਦਾ ਹੈ।

33489	785	ਸ੍ਰੁਤਿ ਸਿਮ੍ਰਿਤਿ ਗੁਨ ਗਾਵਹਿ ਕਰਤੇ ਸਿਧ ਸਾਧਿਕ ਮੁਨਿ ਜਨ ਧਿਆਇਆ॥	ਸਿਮ-ਿ੍ਰਤਿ: ਮ ਮੁਕਤਾ ਬੋਲੋ, ਅੱਧੇ ਰਾਰੇ ਸਿਹਾਰੀ ਲਾ ਕੇ :ਪੋਲਾ ਬੋਲੋ, ਸਿਹਾਰੀ ਤੱਤੇ ਨੂੰ ਭੀ ਲਾਉ। ਸ੍ਰੁਤਿ	Sraath Simrith Gun Gaavehi Karathae Sidhh Saadhhik Mun Jan Dhhiaaeiaa ||	The Vedas and the Simritees sing the Praises of the Creator, while the Siddhas, seekers and silent sages meditate on Him.	ਹੇ ਭਾਈ! (ਢੇਰ ਪੁਰਾਤਨ ਸਮਿਆਂ ਤੋਂ ਹੀ ਪੁਰਾਣੇ ਧਰਮ-ਪੁਸਤਕ) ਸਿਮ੍ਰਿਤੀਆਂ ਵੇਦ (ਆਦਿਕ) ਉਸ ਕਰਤਾਰ ਦੇ ਗੁਣ ਗਾਂਦੇ ਆ ਰਹੇ ਹਨ। ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਜੋਗ-ਸਾਧਨ ਕਰਨ ਵਾਲੇ ਜੋਗੀ, ਸਾਰੇ ਰਿਸ਼ੀ ਮੁਨੀ (ਉਸੇ ਦਾ ਨਾਮ) ਸਿਮਰਦੇ ਆ ਰਹੇ ਹਨ।
33490	785	ਨਾਨਕ ਸਰਨਿ ਕ੍ਰਿਪਾਨਿਧਿ ਸੁਆਮੀ ਵਡਭਾਗੀ ਹਰਿ ਹਰਿ ਗਾਇਆ॥੪॥੧॥੧੧॥		Naanak Saran Kirapaa Nidhh Suaamee Vaddabhaagee Har Har Gaaeiaa ||4||1||11||	Nanak has entered the Sanctuary of his Lord and Master, the treasure of mercy; by great good fortune, he sings the Praises of the Lord, Har, Har. ||4||1||11||	ਹੇ ਨਾਨਕ! ਉਹ ਮਾਲਕ-ਪ੍ਰਭੂ ਕਿਰਪਾ ਦਾ ਖ਼ਜ਼ਾਨਾ ਹੈ, ਮਨੁੱਖ ਵੱਡੇ ਭਾਗਾਂ ਨਾਲ ਉਸ ਦੀ ਸਰਨ ਪੈਂਦਾ ਹੈ, ਤੇ, ਉਸ ਦੀ ਸਿਫ਼ਤਿ-ਸਾਲਾਹ ਕਰਦਾ ਹੈ ॥੪॥੧॥੧੧॥
33491	785	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
33492	785	ਵਾਰ ਸੂਹੀ ਕੀ ਸਲੋਕਾ ਨਾਲਿ ਮਹਲਾ ੩॥		Vaar Soohee Kee Salokaa Naal Mehalaa 3 ||	Vaar Of Soohee, With Shaloks Of The Third Mehl:	ਰਾਗ ਸੂਹੀ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ 'ਵਾਰ', ਸਲੋਕਾਂ ਸਮੇਤ।

33493	785	ਸਲੋਕੁ ਮਃ ੩॥		Salok Ma 3 ||	Shalok, Third Mehl:	
33494	785	ਸੂਹੈ ਵੇਸਿ ਦੋਹਾਗਣੀ ਪਰ ਪਿਰੁ ਰਾਵਣ ਜਾਇ॥		Soohai Vaes Dhohaaganee Par Pir Raavan Jaae ||	In her red robes the discarded bride goes out seeking enjoyment with another's husband.	ਜੋ ਜੀਵ-ਇਸਤ੍ਰੀ ਦੁਨੀਆ ਦੇ ਸੋਹਣੇ ਪਦਾਰਥ-ਰੂਪ ਕਸੁੰਭੇ ਦੇ ਚੁਹਚੁਹੇ ਰੰਗ ਵਾਲੇ ਵੇਸ ਵਿਚ (ਮਸਤ) ਹੈ ਉਹ ਮੰਦੇ ਭਾਗਾਂ ਵਾਲੀ ਹੈ, ਉਹ (ਮਾਨੋ) ਪਰਾਏ ਖਸਮ ਨੂੰ ਭੋਗਣ ਤੁਰ ਪੈਂਦੀ ਹੈ।
33495	785	ਪਿਰੁ ਛੋਡਿਆ ਘਰਿ ਆਪਣੈ ਮੋਹੀ ਦੂਜੈ ਭਾਇ॥		Pir Shhoddiaa Ghar Aapanai Mohee Dhoojai Bhaae ||	She leaves the husband of her own home, enticed by her love of duality.	ਮਾਇਆ ਦੇ ਪਿਆਰ ਵਿਚ ਉਹ ਲੁੱਟੀ ਜਾ ਰਹੀ ਹੈ (ਕਿਉਂਕਿ) ਉਹ ਆਪਣੇ ਹਿਰਦੇ-ਘਰ ਵਿਚ ਵੱਸਦੇ ਖਸਮ-ਪ੍ਰਭੂ ਨੂੰ ਵਿਸਾਰ ਦੇਂਦੀ ਹੈ।
33496	785	ਮਿਠਾ ਕਰਿ ਕੈ ਖਾਇਆ ਬਹੁ ਸਾਦਹੁ ਵਧਿਆ ਰੋਗੁ॥	ਮਿੱਠਾ	Mithaa Kar Kai Khaaeiaa Bahu Saadhahu Vadhhiaa Rog ||	She finds it sweet, and eats it up; her excessive sensuality only makes her disease worse.	(ਜਿਸ ਜੀਵ-ਇਸਤ੍ਰੀ ਨੇ ਦੁਨੀਆ ਦੇ ਪਦਾਰਥਾਂ ਨੂੰ) ਸੁਆਦਲੇ ਜਾਣ ਕੇ ਭੋਗਿਆ ਹੈ (ਉਸ ਦੇ ਮਨ ਵਿਚ) ਇਹਨਾਂ ਬਹੁਤੇ ਚਸਕਿਆਂ ਤੋਂ ਰੋਗ ਵਧਦਾ ਹੈ।
33497	785	ਸੁਧੁ ਭਤਾਰੁ ਹਰਿ ਛੋਡਿਆ ਫਿਰਿ ਲਗਾ ਜਾਇ ਵਿਜੋਗੁ॥		Sudhh Bhathaar Har Shhoddiaa Fir Lagaa Jaae Vijog ||	She forsakes the Lord, her sublime Husband, and then later, she suffers the pain of separation from Him.	(ਭਾਵ), ਉਹ ਨਿਰੋਲ ਆਪਣੇ ਖਸਮ-ਪ੍ਰਭੂ ਨੂੰ ਛੱਡ ਬਹਿੰਦੀ ਹੈ ਤੇ ਇਸ ਤਰ੍ਹਾਂ ਉਸ ਨਾਲੋਂ ਇਸ ਦਾ ਵਿਛੋੜਾ ਹੋ ਜਾਂਦਾ ਹੈ।

33498	785	ਗੁਰਮੁਖਿ ਹੋਵੈ ਸੁ ਪਲਟਿਆ ਹਰਿ ਰਾਤੀ ਸਾਜਿ ਸੀਗਾਰਿ॥		Guramukh Hovai S Palattiaa Har Raathee Saaj Seegaar ||	But she who becomes Gurmukh, turns away from corruption and adorns herself, attuned to the Love of the Lord.	ਜੋ ਜੀਵ-ਇਸਤ੍ਰੀ ਗੁਰੂ ਦੇ ਹੁਕਮ ਵਿਚ ਤੁਰਦੀ ਹੈ ਉਸ ਦਾ ਮਨ (ਦੁਨੀਆ ਦੇ ਭੋਗਾਂ ਵਲੋਂ) ਪਰਤਦਾ ਹੈ, ਉਹ (ਪ੍ਰਭੂ-ਪਿਆਰ ਰੂਪ ਗਹਣੇ ਨਾਲ ਆਪਣੇ ਆਪ ਨੂੰ) ਸਜਾ ਬਣਾ ਕੇ ਪਰਮਾਤਮਾ (ਦੇ ਪਿਆਰ) ਵਿਚ ਰੱਤੀ ਰਹਿੰਦੀ ਹੈ।
33499	785	ਸਹਜਿ ਸਚੁ ਪਿਰੁ ਰਾਵਿਆ ਹਰਿ ਨਾਮਾ ਉਰ ਧਾਰਿ॥		Sehaj Sach Pir Raaviaa Har Naamaa Our Dhhaar ||	She enjoys her celestial Husband Lord,and enshrines the Lord's Name within her heart.	ਪ੍ਰਭੂ ਦਾ ਨਾਮ ਹਿਰਦੇ ਵਿਚ ਧਾਰ ਕੇ ਸਹਜ ਅਵਸਥਾ ਵਿਚ (ਟਿਕ ਕੇ) ਸਦਾ-ਥਿਰ ਰਹਿਣ ਵਾਲੇ ਖਸਮ ਨੂੰ ਮਾਣਦੀ ਹੈ।
33500	785	ਆਗਿਆਕਾਰੀ ਸਦਾ ਸੋਹਾਗਣਿ ਆਪਿ ਮੇਲੀ ਕਰਤਾਰਿ॥		Aagiaakaaree Sadhaa Suohaagan Aap Maelee Karathaar ||	She is humble and obedient; she is His virtuous bride forever; the Creator unites her with Himself.	ਪ੍ਰਭੂ ਦੇ ਹੁਕਮ ਵਿਚ ਤੁਰਨ ਵਾਲੀ ਜੀਵ-ਇਸਤ੍ਰੀ ਸਦਾ ਸੁਹਾਗ ਭਾਗ ਵਾਲੀ ਹੈ, ਕਰਤਾਰ (ਖਸਮ) ਨੇ ਉਸ ਨੂੰ ਆਪਣੇ ਨਾਲ ਮਿਲਾ ਲਿਆ ਹੈ।
33501	785	ਨਾਨਕ ਪਿਰੁ ਪਾਇਆ ਹਰਿ ਸਾਚਾ ਸਦਾ ਸੋਹਾਗਣਿ ਨਾਰਿ॥੧॥		Naanak Pir Paaeiaa Har Saachaa Sadhaa Suohaagan Naar ||1||	O Nanak, she who has obtained the True Lord as her husband, is a happy soul-bride forever. ||1||	ਹੇ ਨਾਨਕ! ਜਿਸ ਨੇ ਸਦਾ-ਥਿਰ ਪ੍ਰਭੂ ਖਸਮ ਪ੍ਰਾਪਤ ਕਰ ਲਿਆ ਹੈ ਉਹ (ਜੀਵ-) ਇਸਤ੍ਰੀ ਸਦਾ ਸੁਹਾਗ ਭਾਗ ਵਾਲੀ ਹੈ ॥੧॥
33502	785	ਮਃ ੩॥		Ma 3 ||	Third Mehl:	

33503	785	ਸੂਹਵੀਏ ਨਿਮਾਣੀਏ ਸੋ ਸਹੁ ਸਦਾ ਸਮ੍ਹਾਲਿ॥		Soohaveeeae Nimaaneeeae So Sahu Sadhaa Samhaal ||	O meek, red-robed bride, keep your Husband Lord always in your thoughts.	ਹੇ ਚੁਹਚੁਹੇ ਕਸੁੰਭੇ-ਰੰਗ ਨਾਲ ਪਿਆਰ ਕਰਨ ਵਾਲੀਏ ਵਿਚਾਰੀਏ! ਖਸਮ-ਪ੍ਰਭੂ ਨੂੰ ਸਦਾ ਚੇਤੇ ਰੱਖ।
33504	785	ਨਾਨਕ ਜਨਮੁ ਸਵਾਰਹਿ ਆਪਣਾ ਕੁਲੁ ਭੀ ਛੁਟੀ ਨਾਲਿ॥੨॥		Naanak Janam Savaarehi Aapanaa Kul Bhee Shhuttee Naal ||2||	O Nanak, your life shall be embellished, and your generations shall be saved along with you. ||2||	ਹੇ ਨਾਨਕ! (ਆਖ ਕਿ ਇਸ ਤਰ੍ਹਾਂ) ਤੂੰ ਆਪਣਾ ਜੀਵਨ ਸਵਾਰ ਲਏਂਗੀ, ਤੇਰੀ ਕੁਲ ਭੀ ਤੇਰੇ ਨਾਲ ਮੁਕਤ ਹੋ ਜਾਇਗੀ ॥੨॥
33505	785	ਪਉੜੀ॥		Pourree ||	Pauree:	
33506	785	ਆਪੇ ਤਖਤੁ ਰਚਾਇਓਨੁ ਆਕਾਸ ਪਤਾਲਾ॥		Aapae Thakhath Rachaaeioun Aakaas Pathaalaa ||	He Himself established His throne, in the Akaashic ethers and the nether worlds.	ਆਕਾਸ਼ ਤੇ ਪਾਤਾਲ ਦੇ ਵਿਚਲਾ ਸਾਰਾ ਜਗਤ-ਰੂਪ ਤਖ਼ਤ ਪ੍ਰਭੂ ਨੇ ਹੀ ਬਣਾਇਆ ਹੈ।
33507	785	ਹੁਕਮੇ ਧਰਤੀ ਸਾਜੀਅਨੁ ਸਚੀ ਧਰਮਸਾਲਾ॥		Hukamae Dhharathee Saajeean Sachee Dhharam Saalaa ||	By the Hukam of His Command, He created the earth, the true home of Dharma.	ਉਸ ਨੇ ਆਪਣੇ ਹੁਕਮ ਵਿਚ ਹੀ ਧਰਤੀ ਜੀਵਾਂ ਦੇ ਧਰਮ ਕਮਾਣ ਲਈ ਥਾਂ ਬਣਾਈ ਹੈ।
33508	785	ਆਪਿ ਉਪਾਇ ਖਪਾਇਦਾ ਸਚੇ ਦੀਨ ਦਇਆਲਾ॥		Aap Oupaae Khapaaeidhaa Sachae Dheen Dhaeiaalaa ||	He Himself created and destroys; He is the True Lord, merciful to the meek.	ਹੇ ਦੀਨਾਂ ਤੇ ਦਇਆ ਕਰਨ ਵਾਲੇ ਸਦਾ ਕਾਇਮ ਰਹਿਣ ਵਾਲੇ! ਤੂੰ ਆਪ ਹੀ ਪੈਦਾ ਕਰ ਕੇ ਆਪ ਹੀ ਨਾਸ ਕਰਦਾ ਹੈਂ।

33509	785	ਸਭਨਾ ਰਿਜਕੁ ਸੰਬਾਹਿਦਾ ਤੇਰਾ ਹੁਕਮੁ ਨਿਰਾਲਾ॥		Sabhanaa Rijak Sanbaahidhaa Thaeraa Hukam Niraalaa ||	You give sustenance to all; how wonderful and unique is the Hukam of Your Command!	(ਹੇ ਪ੍ਰਭੂ!) ਤੇਰਾ ਹੁਕਮ ਅਨੋਖਾ ਹੈ (ਭਾਵ, ਕੋਈ ਇਸ ਨੂੰ ਮੋੜ ਨਹੀਂ ਸਕਦਾ) ਤੂੰ ਸਭ ਜੀਵਾਂ ਨੂੰ ਰਿਜ਼ਕ ਅਪੜਾਂਦਾ ਹੈਂ।
33510	785	ਆਪੇ ਆਪਿ ਵਰਤਦਾ ਆਪੇ ਪ੍ਰਤਿਪਾਲਾ॥੧॥		Aapae Aap Varathadhaa Aapae Prathipaalaa ||1||	You Yourself are permeating and pervading; You Yourself are the Cherisher. ||1||	ਹਰ ਥਾਂ ਤੂੰ ਖ਼ੁਦ ਆਪ ਮੌਜੂਦ ਹੈਂ ਤੇ ਤੂੰ ਆਪ ਹੀ ਜੀਵਾਂ ਦੀ ਪਾਲਣਾ ਕਰਦਾ ਹੈਂ ॥੧॥
33511	785	ਸਲੋਕੁ ਮਃ ੩॥		Salok Ma 3 ||	Shalok, Third Mehl:	
33512	785	ਸੂਹਬ ਤਾ ਸੋਹਾਗਣੀ ਜਾ ਮੰਨਿ ਲੈਹਿ ਸਚੁ ਨਾਉ॥	(ਸੂਹਬ) ਪ੍ਰੇਮ ਨਾਮ ਪੱਕੇ ਰੰਗ ਵਾਲੀ	Soohab Thaa Sohaaganee Jaa Mann Laihi Sach Naao ||	The red-robed woman becomes a happy soul-bride, only when she accepts the True Name.	ਹੇ ਸੂਹੇ ਵੇਸ ਵਾਲੀਏ! ਜੇ ਤੂੰ ਸਦਾ-ਥਿਰ (ਪ੍ਰਭੂ ਦਾ) ਨਾਮ ਮੰਨ ਲਏਂ ਤਾਂ ਤੂੰ ਸੁਹਾਗ ਭਾਗ ਵਾਲੀ ਹੋ ਜਾਏਂ।
33513	785	ਸਤਿਗੁਰੁ ਅਪਣਾ ਮਨਾਇ ਲੈ ਰੂਪੁ ਚੜੀ ਤਾ ਅਗਲਾ ਦੂਜਾ ਨਾਹੀ ਥਾਉ॥	ਚੜ੍ਹੀ	Sathigur Apanaa Manaae Lai Roop Charree Thaa Agalaa Dhoojaa Naahee Thhaao ||	Become pleasing to your True Guru, and you shall be totally beautified; otherwise, there is no place of rest.	ਆਪਣੇ ਗੁਰੂ ਨੂੰ ਪ੍ਰਸੰਨ ਕਰ ਲੈ, ਬੜੀ (ਨਾਮ-) ਰੰਗਣ ਚੜ੍ਹ ਆਵੇਗੀ (ਪਰ ਇਸ ਰੰਗਣ ਲਈ ਗੁਰੂ ਤੋਂ ਬਿਨਾ) ਕੋਈ ਹੋਰ ਥਾਂ ਨਹੀਂ ਹੈ।

33514	785	ਐਸਾ ਸੀਗਾਰੁ ਬਣਾਇ ਤੂ ਮੈਲਾ ਕਦੇ ਨ ਹੋਵਈ ਅਹਿ ਨਿਸਿ ਲਾਗੈ ਭਾਉ॥		Aisaa Seegaar Banaae Thoo Mailaa Kadhae N Hovee Ahinis Laagai Bhaao ||	So decorate yourself with the decorations that will never stain, and love the Lord day and night.	(ਸੋ ਗੁਰੂ ਦੀ ਸਰਨ ਪੈ ਕੇ) ਅਜੇਹਾ (ਸੋਹਣਾ ਸਿੰਗਾਰ ਬਣਾ ਜੋ ਕਦੇ ਮੈਲਾ ਨਾਹ ਹੋਵੇ ਤੇ ਦਿਨ ਰਾਤ ਤੇਰਾ ਪਿਆਰ (ਪ੍ਰਭੂ ਨਾਲ) ਬਣਿਆ ਰਹੇ।
33515	785	ਨਾਨਕ ਸੋਹਾਗਣਿ ਕਾ ਕਿਆ ਚਿਹਨੁ ਹੈ ਅੰਦਰਿ ਸਚੁ ਮੁਖੁ ਉਜਲਾ ਖਸਮੈ ਮਾਹਿ ਸਮਾਇ॥੧॥		Naanak Sohaagan Kaa Kiaa Chihan Hai Andhar Sach Mukh Oujalaa Khasamai Maahi Samaae ||1||	O Nanak, what is the character of the happy soul-bride? Within her, is Truth; her face is bright and radiant, and she is absorbed in her Lord and Master. ||1||	ਹੇ ਨਾਨਕ! (ਇਸ ਤੋਂ ਬਿਨਾ) ਸੁਹਾਗ ਭਾਗ ਵਾਲੀ ਜੀਵ-ਇਸਤ੍ਰੀ ਦਾ ਹੋਰ ਕੀਹ ਲੱਛਣ ਹੋ ਸਕਦਾ ਹੈ? ਉਸ ਦੇ ਅੰਦਰ ਸੱਚਾ ਨਾਮ ਹੋਵੇ, ਮੂੰਹ (ਉਤੇ ਨਾਮ ਦੀ) ਲਾਲੀ ਹੋਵੇ ਤੇ ਉਹ ਖਸਮ-ਪ੍ਰਭੂ ਵਿਚ ਜੁੜੀ ਰਹੇ ॥੧॥
33516	785	ਮਃ ੩॥		Ma 3 ||	Third Mehl:	
33517	785	ਲੋਕਾ ਵੇ ਹਉ ਸੂਹਵੀ ਸੂਹਾ ਵੇਸੁ ਕਰੀ॥		Lokaa Vae Ho Soohavee Soohaa Vaes Karee ||	O people: I am in red, dressed in a red robe.	ਹੇ ਲੋਕੋ! ਮੈਂ (ਨਿਰੀ) ਸੂਹੇ ਵੇਸੁ ਵਾਲੀ (ਹੀ) ਹਾਂ, ਮੈਂ (ਨਿਰੇ) ਸੂਹੇ ਕੱਪੜੇ (ਹੀ) ਪਾਂਦੀ ਹਾਂ;
33518	785	ਵੇਸੀ ਸਹੁ ਨ ਪਾਈਐ ਕਰਿ ਕਰਿ ਵੇਸ ਰਹੀ॥	ਵੇੱਸੀਂ	Vaesee Sahu N Paaeeai Kar Kar Vaes Rehee ||	But my Husband Lord is not obtained by any robes; I have tried and tried, and given up wearing robes.	ਪਰ (ਨਿਰੇ) ਵੇਸਾਂ ਨਾਲ ਖਸਮ (-ਪ੍ਰਭੂ) ਨਹੀਂ ਮਿਲਦਾ, ਮੈਂ ਵੇਸ ਕਰ ਕਰ ਕੇ ਥੱਕ ਗਈ ਹਾਂ।

33519	785	ਨਾਨਕ ਤਿਨੀ ਸਹੁ ਪਾਇਆ ਜਿਨੀ ਗੁਰ ਕੀ ਸਿਖ ਸੁਣੀ॥	ਸਿੱਖ	Naanak Thinee Sahu Paaeiaa Jinee Gur Kee Sikh Sunee ||	O Nanak,they alone obtain their Husband Lord,who listen to the Guru's Teachings.	ਹੇ ਨਾਨਕ! ਖਸਮ ਉਹਨਾਂ ਨੂੰ (ਹੀ) ਮਿਲਦਾ ਹੈ ਜਿਨ੍ਹਾਂ ਨੇ ਸਤਿਗੁਰੂ ਦੀ ਸਿੱਖਿਆ ਸੁਣੀ ਹੈ।
33520	785	ਜੋ ਤਿਸੁ ਭਾਵੈ ਸੋ ਥੀਐ ਇਨ ਬਿਧਿ ਕੰਤ ਮਿਲੀ॥੨॥		Jo This Bhaavai So Thheeai Ein Bidhh Kanth Milee ||2||	Whatever pleases Him, happens. In this way, the Husband Lord is met. ||2||	(ਜਦੋਂ ਜੀਵ-ਇਸਤ੍ਰੀ ਇਸ ਅਵਸਥਾ ਤੇ ਅੱਪੜ ਜਾਏ ਕਿ) ਜੋ ਪ੍ਰਭੂ ਨੂੰ ਭਾਉਂਦਾ ਹੈ ਉਹੀ ਹੁੰਦਾ ਹੈ, ਤਾਂ ਇਸ ਤਰ੍ਹਾਂ ਉਹ ਖਸਮ-ਪ੍ਰਭੂ ਨੂੰ ਮਿਲ ਪੈਂਦੀ ਹੈ ॥੨॥
33521	786	ਪਉੜੀ॥		Pourree ||	Pauree:	
33522	786	ਹੁਕਮੀ ਸ੍ਰਿਸਟਿ ਸਾਜੀਅਨੁ ਬਹੁ ਭਿਤਿ ਸੰਸਾਰਾ॥	(ਭਿਤਿ)ਤਰ੍ਹਾਂ,ਚੋਗਾ। ਭਿਤਿ:ਪੋਲਾ ਬੋਲੋ	Hukamee Srisatt Saajeean Bahu Bhith Sansaaraa ||	By His Command, He created the creation, the world with its many species of beings.	ਉਸ ਪ੍ਰਭੂ ਨੇ ਇਹ ਸ੍ਰਿਸ਼ਟੀ ਇਹ ਸੰਸਾਰ ਆਪਣੇ ਹੁਕਮ ਅਨੁਸਾਰ ਕਈ ਕਿਸਮਾਂ ਦਾ ਬਣਾਇਆ ਹੈ।
33523	786	ਤੇਰਾ ਹੁਕਮੁ ਨ ਜਾਪੀ ਕੇਤੜਾ ਸਚੇ ਅਲਖ ਅਪਾਰਾ॥	ਅ-ਲਖ	Thaeraa Hukam N Jaapee Kaetharraa Sachae Alakh Apaaraa ||	I do not know how great Your Command is, O Unseen and Infinite True Lord.	ਹੇ ਸੱਚੇ! ਹੇ ਅਲੱਖ! ਤੇ ਹੇ ਬੇਅੰਤ ਪ੍ਰਭੂ! ਇਹ ਸਮਝ ਨਹੀਂ ਪੈਂਦੀ ਕਿ ਤੇਰਾ ਹੁਕਮ ਕੇਡਾ ਕੁ (ਬਲਵਾਨ) ਹੈ।
33524	786	ਇਕਨਾ ਨੋ ਤੂ ਮੇਲਿ ਲੈਹਿ ਗੁਰ ਸਬਦਿ ਬੀਚਾਰਾ॥		Eikanaa No Thoo Mael Laihi Gur Sabadh Beechaaraa ||	You join some with Yourself; they reflect on the Word of the Guru's Shabad.	ਕਈ ਜੀਵਾਂ ਨੂੰ ਤੂੰ ਗੁਰ-ਸ਼ਬਦ ਵਿਚ ਜੋੜ ਕੇ ਆਪਣੇ ਨਾਲ ਮਿਲਾ ਲੈਂਦਾ ਹੈਂ,

33525	786	ਸਚਿ ਰਤੇ ਸੇ ਨਿਰਮਲੇ ਹਉਮੈ ਤਜਿ ਵਿਕਾਰਾ॥		Sach Rathae Sae Niramalae Houmai Thaj Vikaaraa ||	Those who are imbued with the True Lord are immaculate and pure; they conquer egotism and corruption.	ਉਹ ਹਉਮੈ-ਰੂਪ ਵਿਕਾਰ ਤਿਆਗ ਕੇ ਤੇਰੇ ਨਾਮ ਵਿਚ ਰੰਗੇ ਜਾਂਦੇ ਹਨ ਤੇ ਪਵਿਤ੍ਰ ਹੋ ਜਾਂਦੇ ਹਨ।
33526	786	ਜਿਸੁ ਤੂ ਮੇਲਹਿ ਸੋ ਤੁਧੁ ਮਿਲੈ ਸੋਈ ਸਚਿਆਰਾ॥੨॥		Jis Thoo Maelehi So Thudhh Milai Soee Sachiaaraa ||2||	He alone is united with You, whom You unite with Yourself; he alone is true. ||2||	ਹੇ ਪ੍ਰਭੂ! ਜਿਸ ਨੂੰ ਤੂੰ ਮਿਲਾਂਦਾ ਹੈਂ ਉਹ ਤੈਨੂੰ ਮਿਲਦਾ ਹੈ ਤੇ ਉਹੀ ਸੱਚ ਦਾ ਵਪਾਰੀ ਹੈ ॥੨॥
33527	786	ਸਲੋਕੁ ਮਃ ੩॥		Salok Ma 3 ||	Shalok, Third Mehl:	
33528	786	ਸੂਹਵੀਏ ਸੂਹਾ ਸਭੁ ਸੰਸਾਰੁ ਹੈ ਜਿਨ੍ ਦੁਰਮਤਿ ਦੂਜਾ ਭਾਉ॥		Soohaveeeae Soohaa Sabh Sansaar Hai Jin Dhuramath Dhoojaa Bhaao ||	O red-robed woman, the whole world is red, engrossed in evil-mindedness and the love of duality.	ਹੇ ਕਸੁੰਭੇ-ਰੰਗ ਨਾਲ ਪਿਆਰ ਕਰਨ ਵਾਲੀਏ! ਜਿਨ੍ਹਾਂ ਦੇ ਅੰਦਰ ਮਾਇਆ ਦਾ ਮੋਹ ਹੈ ਤੇ ਭੈੜੀ ਮਤਿ ਹੈ ਉਹਨਾਂ ਨੂੰ ਸੰਸਾਰ ਚੁਹਚੁਹਾ ਜਾਪਦਾ ਹੈ (ਭਾਵ ਉਹਨਾਂ ਨੂੰ ਦੁਨੀਆ ਦਾ ਮੋਹ ਖਿੱਚ ਪਾਂਦਾ ਹੈ);
33529	786	ਖਿਨ ਮਹਿ ਝੂਠੁ ਸਭੁ ਬਿਨਸਿ ਜਾਇ ਜਿਉ ਟਿਕੈ ਨ ਬਿਰਖ ਕੀ ਛਾਉ॥		Khin Mehi Jhooth Sabh Binas Jaae Jio Ttikai N Birakh Kee Shhaao ||	In an instant, this falsehood totally vanishes; like the shade of a tree, it is gone.	ਪਰ ਇਹ ਕਸੁੰਭਾ-ਰੰਗ ਝੂਠਾ ਹੈ ਪਲ ਵਿਚ ਨਾਸ ਹੋ ਜਾਂਦਾ ਹੈ ਜਿਵੇਂ ਰੁੱਖ ਦੀ ਛਾਂ ਨਹੀਂ ਟਿਕਦੀ।

33530	786	ਗੁਰਮੁਖਿ ਲਾਲੋ ਲਾਲੁ ਹੈ ਜਿਉ ਰੰਗਿ ਮਜੀਠ ਸਚੜਾਉ॥	(ਸਚੜਾਉ)ਸੱਚਾ, ਪੱਕਾ (੨. ਸ ਚੜਾਉ)	Guramukh Laalo Laal Hai Jio Rang Majeeth Sacharraao ||	The Gurmukh is the deepest crimson of crimson, dyed in the permanent color of the Lord's Love.	ਜੋ ਜੀਵ-ਇਸਤ੍ਰੀ ਗੁਰੂ ਦੇ ਸਨਮੁਖ ਹੁੰਦੀ ਹੈ ਉਸਨੂੰ ਨਿਰੋਲ ਪੱਕਾ ਲਾਲ (ਨਾਮ) ਰੰਗ ਚੜ੍ਹਦਾ ਹੈ ਜਿਵੇਂ ਉਹ ਮਜੀਠ ਦੇ ਰੰਗ ਵਿਚ (ਰੰਗੀ ਹੁੰਦੀ) ਹੈ।
33531	786	ਉਲਟੀ ਸਕਤਿ ਸਿਵੈ ਘਰਿ ਆਈ ਮਨਿ ਵਸਿਆ ਹਰਿ ਅੰਮ੍ਰਿਤ ਨਾਉ॥		Oulattee Sakath Sivai Ghar Aaee Man Vasiaa Har Anmrith Naao ||	She turns away from Maya, and enters the celestial home of the Lord; the Ambrosial Name of the Lord dwells within her mind.	ਉਹ ਮਾਇਆ ਵਲੋਂ ਪਰਤ ਕੇ ਪਰਮਾਤਮਾ ਦੇ ਸਰੂਪ ਵਿਚ ਟਿਕਦੀ ਹੈ, ਉਸ ਦੇ ਮਨ ਵਿਚ ਪਰਮਾਤਮਾ ਦਾ ਅੰਮ੍ਰਿਤ ਨਾਮ ਵੱਸਦਾ ਹੈ।
33532	786	ਨਾਨਕ ਬਲਿਹਾਰੀ ਗੁਰ ਆਪਣੇ ਜਿਤੁ ਮਿਲਿਐ ਹਰਿ ਗੁਣ ਗਾਉ॥੧॥		Naanak Balihaaree Gur Aapanae Jith Miliai Har Gun Gaao ||1||	O Nanak, I am a sacrifice to my Guru; meeting Him, I sing the Glorious Praises of the Lord. ||1||	ਹੇ ਨਾਨਕ! ਆਪਣੇ ਗੁਰੂ ਤੋਂ ਸਦਕੇ ਹੋਵੀਏ ਜਿਸ ਨੂੰ ਮਿਲਿਆਂ ਪਰਮਾਤਮਾ ਦੇ ਗੁਣ ਗਾਵੀਦੇ ਹਨ ॥੧॥
33533	786	ਮਃ ੩॥		Ma 3 ||	Third Mehl:	
33534	786	ਸੂਹਾ ਰੰਗੁ ਵਿਕਾਰੁ ਹੈ ਕੰਤੁ ਨ ਪਾਇਆ ਜਾਇ॥		Soohaa Rang Vikaar Hai Kanth N Paaeiaa Jaae ||	The red color is vain and useless; it cannot help you obtain your Husband Lord.	(ਜਿਵੇਂ) ਚੁਹਚੁਹਾ ਰੰਗ (ਇਸਤ੍ਰੀ ਦੇ ਮਨ ਨੂੰ ਖਿੱਚ ਪਾਂਦਾ ਹੈ, ਤਿਵੇਂ) ਵਿਕਾਰ (ਜੀਵ-ਇਸਤ੍ਰੀ ਨੂੰ) ਖਿੱਚਦਾ ਹੈ (ਇਸ ਖਿੱਚ ਵਿਚ ਫਸਿਆਂ) ਖਸਮ-ਪ੍ਰਭੂ ਨਹੀਂ ਮਿਲ ਸਕਦਾ,

33535	786	ਇਸੁ ਲਹਦੇ ਬਿਲਮ ਨ ਹੋਵਈ ਰੰਡ ਬੈਠੀ ਦੂਜੈ ਭਾਇ॥		Eis Lehadhae Bilam N Hovee Randd Baithee Dhoojai Bhaae ||	This color does not take long to fade; she who loves duality, ends up a widow.	(ਵਿਕਾਰ ਦੇ) ਇਸ (ਚੁਹਚੁਹੇ ਰੰਗ) ਦੇ ਉਤਰਦਿਆਂ ਢਿੱਲ ਭੀ ਨਹੀਂ ਲੱਗਦੀ (ਸੋ) ਮਾਇਆ ਦੇ ਮੋਹ ਵਿਚ (ਫਸੀ ਜੀਵ-ਇਸਤ੍ਰੀ ਨੂੰ) ਰੰਡੀ ਹੋਈ ਜਾਣੋ।
33536	786	ਮੁੰਧ ਇਆਣੀ ਦੁੰਮਣੀ ਸੂਹੈ ਵੇਸਿ ਲੋਭਾਇ॥		Mundhh Eiaanee Dhunmanee Soohai Vaes Luobhaae ||	She who loves to wear her red dress is foolish and double-minded.	ਜੋ (ਮਾਇਆ ਦੇ) ਚੁਹਚੁਹੇ ਵੇਸ ਵਿਚ ਲੁਭਿਤ ਹੈ ਉਹ (ਜੀਵ-) ਇਸਤ੍ਰੀ ਅੰਞਾਣੀ ਹੈ ਉਸ ਦਾ ਮਨ ਸਦਾ ਡੋਲਦਾ ਹੈ।
33537	786	ਸਬਦਿ ਸਚੈ ਰੰਗੁ ਲਾਲੁ ਕਰਿ ਭੈ ਭਾਇ ਸੀਗਾਰੁ ਬਣਾਇ॥		Sabadh Sachai Rang Laal Kar Bhai Bhaae Seegaar Banaae ||	So make the True Word of the Shabad your red dress, and let the Fear of God, and the Love of God, be your ornaments and decorations.	(ਜੋ ਜੋ ਜੀਵ-ਇਸਤ੍ਰੀ) ਸੱਚੇ ਸਬਦ ਦੀ ਰਾਹੀਂ (ਪ੍ਰਭੂ-ਨਾਮ ਦਾ ਪੱਕਾ) ਲਾਲ ਰੰਗ ਬਣਾ ਕੇ, ਪ੍ਰਭੂ ਦੇ ਡਰ ਤੇ ਪ੍ਰੇਮ ਦੀ ਰਾਹੀਂ (ਆਪਣੇ ਮਨ ਦਾ) ਸੋਹਜ ਬਣਾਂਦੀ ਹੈ,
33538	786	ਨਾਨਕ ਸਦਾ ਸੋਹਾਗਣੀ ਜਿ ਚਲਨਿ ਸਤਿਗੁਰ ਭਾਇ॥੨॥		Naanak Sadhaa Sohaaganee J Chalan Sathigur Bhaae ||2||	O Nanak, she is a happy soul-bride forever, who walks in harmony with the Will of the True Guru. ||2||	ਜੋ ਸਤਿਗੁਰੂ ਦੇ ਪਿਆਰ ਵਿਚ (ਇਸ ਜੀਵਨ-ਪੰਧ ਤੇ) ਤੁਰਦੀਆਂ ਹਨ, ਹੇ ਨਾਨਕ! ਉਹ ਸਦਾ ਸੁਹਾਗ ਭਾਗ ਵਾਲੀਆਂ ਹਨ ॥੨॥
33539	786	ਪਉੜੀ॥		Pourree ||	Pauree:	

33540	786	ਆਪੇ ਆਪਿ ਉਪਾਇਅਨੁ ਆਪਿ ਕੀਮਤਿ ਪਾਈ॥		Aapae Aap Oupaaeian Aap Keemath Paaee ||	He Himself created Himself, and He Himself evaluates Himself.	ਪ੍ਰਭੂ ਨੇ ਆਪ ਹੀ (ਸਾਰੇ ਜੀਵ) ਪੈਦਾ ਕੀਤੇ ਹਨ ਉਹ ਆਪ ਹੀ (ਇਹਨਾਂ ਦੀ) ਕਦਰ ਜਾਣਦਾ ਹੈ;
33541	786	ਤਿਸ ਦਾ ਅੰਤੁ ਨ ਜਾਪਈ ਗੁਰ ਸਬਦਿ ਬੁਝਾਈ॥	ਬੁੱਝਾਈ	This Dhaa Anth N Jaapee Gur Sabadh Bujhaaee ||	His limits cannot be known; through the Word of the Guru's Shabad, He is understood.	ਉਸ ਪ੍ਰਭੂ ਦਾ ਅੰਤ ਨਹੀਂ ਪੈ ਸਕਦਾ (ਭਾਵ, ਉਸ ਦੀ ਇਸ ਖੇਡ ਦੀ ਸਮਝ ਨਹੀਂ ਪੈ ਸਕਦੀ), ਗੁਰੂ ਦੇ ਸਬਦ ਦੀ ਰਾਹੀਂ ਸਮਝ (ਆਪ ਹੀ) ਬਖ਼ਸ਼ਦਾ ਹੈ।
33542	786	ਮਾਇਆ ਮੋਹੁ ਗੁਬਾਰੁ ਹੈ ਦੂਜੈ ਭਰਮਾਈ॥		Maaeiaa Mohu Gubaar Hai Dhoojai Bharamaaee ||	In the darkness of attachment to Maya, the world wanders in duality.	ਮਾਇਆ ਦਾ ਮੋਹ (ਮਾਨੋ) ਘੁੱਪ ਹਨੇਰਾ ਹੈ (ਇਸ ਹਨੇਰੇ ਵਿਚ ਤੁਰ ਕੇ ਜੀਵ ਜ਼ਿੰਦਗੀ ਦਾ ਅਸਲ ਰਾਹ ਭੁੱਲ ਕੇ) ਹੋਰ ਪਾਸੇ ਭਟਕਣ ਲੱਗ ਪੈਂਦਾ ਹੈ।
33543	786	ਮਨਮੁਖ ਠਉਰ ਨ ਪਾਇਨ੍ਹੀ ਫਿਰਿ ਆਵੈ ਜਾਈ॥		Manamukh Thour N Paaeinhee Fir Aavai Jaaee ||	The self-willed manmukhs find no place of rest; they continue coming and going.	ਮਨ ਦੇ ਪਿੱਛੇ ਤੁਰਨ ਵਾਲੇ ਬੰਦਿਆਂ ਨੂੰ (ਜ਼ਿੰਦਗੀ ਦੇ ਸਫ਼ਰ ਦੀ) ਅਸਲ ਮੰਜ਼ਲ ਨਹੀਂ ਲੱਭਦੀ, ਮਨਮੁਖ ਮਨੁੱਖ ਮੁੜ ਮੁੜ ਜੰਮਦਾ ਮਰਦਾ ਰਹਿੰਦਾ ਹੈ।
33544	786	ਜੋ ਤਿਸੁ ਭਾਵੈ ਸੋ ਥੀਐ ਸਭ ਚਲੈ ਰਜਾਈ॥੩॥		Jo This Bhaavai So Thheeai Sabh Chalai Rajaaee ||3||	Whatever pleases Him, that alone happens. All walk according to His Will. ||3||	(ਪਰ ਕੁਝ ਕਿਹਾ ਨਹੀਂ ਜਾ ਸਕਦਾ) ਜੋ ਉਸ ਪ੍ਰਭੂ ਨੂੰ ਭਾਂਦਾ ਹੈ ਉਹੀ ਹੁੰਦਾ ਹੈ, ਸਾਰੀ ਸ੍ਰਿਸ਼ਟੀ ਉਸ ਦੀ ਰਜ਼ਾ ਵਿਚ ਤੁਰ ਰਹੀ ਹੈ ॥੩॥
33545	786	ਸਲੋਕੁ ਮਃ ੩॥	ਕੁ-ਲੱਖਣੀ	Salok Ma 3 ||	Shalok, Third Mehl:	

33546	786	ਸੂਹੈ ਵੇਸਿ ਕਾਮਣਿ ਕੁਲਖਣੀ ਜੋ ਪ੍ਰਭ ਛੋਡਿ ਪਰ ਪੁਰਖ ਧਰੇ ਪਿਆਰੁ॥		Soohai Vaes Kaaman Kulakhanee Jo Prabh Shhodd Par Purakh Dhharae Piaar ||	The red-robed bride is vicious; she forsakes God, and cultivates love for another man.	(ਮਾਇਆ ਦੇ) ਚੁਹਚੁਹੇ ਵੇਸ ਵਿਚ (ਮਸਤ ਜੀਵ-ਇਸਤ੍ਰੀ, ਮਾਨੋ,) ਬਦਕਾਰ ਇਸਤ੍ਰੀ ਹੈ ਜੋ ਪ੍ਰਭੂ (ਖਸਮ) ਨੂੰ ਵਿਸਾਰ ਕੇ ਪਰਾਏ ਮਨੁੱਖ ਨਾਲ ਪਿਆਰ ਕਰਦੀ ਹੈ;
33547	786	ਓਸੁ ਸੀਲੁ ਨ ਸੰਜਮੁ ਸਦਾ ਝੂਠੁ ਬੋਲੈ ਮਨਮੁਖਿ ਕਰਮ ਖੁਆਰੁ॥		Ous Seel N Sanjam Sadhaa Jhooth Bolai Manamukh Karam Khuaar ||	She has neither modesty or self-discipline; the self-willed manmukh constantly tells lies, and is ruined by the bad karma of evil deeds.	ਉਸ ਦਾ ਨਾਹ ਚੰਗਾ ਆਚਰਨ ਹੈ, ਨਾਹ ਜੁਗਤਿ ਵਾਲਾ ਜੀਵਨ ਹੈ, ਸਦਾ ਝੂਠ ਬੋਲਦੀ ਹੈ, ਆਪ-ਹੁਦਰੇ ਕੰਮਾਂ ਕਰਕੇ ਖ਼ੁਆਰ ਹੁੰਦੀ ਹੈ।
33548	786	ਜਿਸੁ ਪੂਰਬਿ ਹੋਵੈ ਲਿਖਿਆ ਤਿਸੁ ਸਤਿਗੁਰੁ ਮਿਲੈ ਭਤਾਰੁ॥		Jis Poorab Hovai Likhiaa This Sathigur Milai Bhathaar ||	She who has such pre-ordained destiny, obtains the True Guru has her Husband.	ਜਿਸ ਦੇ ਮੱਥੇ ਤੇ ਧੁਰ ਦਰਗਾਹੋਂ ਭਾਗ ਹੋਣ, ਉਸ ਨੂੰ ਗੁਰੂ ਰਾਖਾ ਮਿਲ ਪੈਂਦਾ ਹੈ,
33549	786	ਸੂਹਾ ਵੇਸੁ ਸਭੁ ਉਤਾਰਿ ਧਰੇ ਗਲਿ ਪਹਿਰੈ ਖਿਮਾ ਸੀਗਾਰੁ॥		Soohaa Vaes Sabh Outhaar Dhharae Gal Pehirai Khimaa Seegaar ||	She discards all her red dresses, and wears the ornaments of mercy and forgiveness around her neck.	ਫਿਰ ਉਹ ਚੁਹਚੁਹਾ ਵੇਸ ਸਾਰਾ ਲਾਹ ਦੇਂਦੀ ਹੈ ਤੇ ਸਹਿਣ-ਸ਼ੀਲਤਾ ਦਾ ਗਹਣਾ ਗਲ ਵਿਚ ਪਾਂਦੀ ਹੈ।

33550	786	ਪੇਈਐ ਸਾਹੁਰੈ ਬਹੁ ਸੋਭਾ ਪਾਏ ਤਿਸੁ ਪੂਜ ਕਰੇ ਸਭੁ ਸੈਸਾਰੁ॥		Paeeeai Saahurai Bahu Sobhaa Paaeae This Pooj Karae Sabh Saisaar ||	In this world and the next, she receives great honor, and the whole world worships her.	ਇਸ ਲੋਕ ਤੇ ਪਰਲੋਕ ਵਿਚ ਉਸ ਦੀ ਬੜੀ ਇੱਜ਼ਤ ਹੁੰਦੀ ਹੈ, ਸਾਰਾ ਜਗਤ ਉਸ ਦਾ ਆਦਰ ਕਰਦਾ ਹੈ।
33551	786	ਓਹ ਰਲਾਈ ਕਿਸੈ ਦੀ ਨਾ ਰਲੈ ਜਿਸੁ ਰਾਵੇ ਸਿਰਜਨਹਾਰੁ॥		Ouh Ralaaee Kisai Dhee Naa Ralai Jis Raavae Sirajanehaar ||	She who is enjoyed by her Creator Lord stands out, and does not blend in with the crowd.	ਜਿਸ ਨੂੰ ਸਾਰੇ ਜਗ ਦਾ ਪੈਦਾ ਕਰਨ ਵਾਲਾ ਖਸਮ ਮਿਲ ਜਾਏ, ਉਸ ਦਾ ਜੀਵਨ ਨਿਰਾਲਾ ਹੀ ਹੋ ਜਾਂਦਾ ਹੈ;
33552	786	ਨਾਨਕ ਗੁਰਮੁਖਿ ਸਦਾ ਸੁਹਾਗਣੀ ਜਿਸੁ ਅਵਿਨਾਸੀ ਪੁਰਖੁ ਭਰਤਾਰੁ॥੧॥		Naanak Guramukh Sadhaa Suhaaganee Jis Avinaasee Purakh Bharathaar ||1||	O Nanak, the Gurmukh is the happy soul-bride forever; she has the Imperishable Lord God as her Husband. ||1||	ਹੇ ਨਾਨਕ! ਜਿਸ ਦੇ ਸਿਰ ਤੇ ਕਦੇ ਨਾਹ ਮਰਨ ਵਾਲਾ ਖਸਮ ਹੋਵੇ, ਜੋ ਸਦਾ ਗੁਰੂ ਦੇ ਹੁਕਮ ਵਿਚ ਤੁਰੇ ਉਹ ਜੀਵ-ਇਸਤ੍ਰੀ ਸਦਾ ਸੁਹਾਗ ਭਾਗ ਵਾਲੀ ਹੁੰਦੀ ਹੈ ॥੧॥
33553	786	ਮਃ ੧॥		Ma 1 ||	First Mehl:	
33554	786	ਸੂਹਾ ਰੰਗੁ ਸੁਪਨੈ ਨਿਸੀ ਬਿਨੁ ਤਾਗੇ ਗਲਿ ਹਾਰੁ॥	(ਸੂਹਾ)ਕੱਚਾ ਸੂਹਾ ਮਾਇਕੀ ਰੰਗ। (ਨਿਸੀ)ਰਾਤ। ਨਿਸੀ:ਗਲ਼ਿ:ਪੋਲਾ ਬੋਲੋ। ਤੱਾਗੇ	Soohaa Rang Supanai Nisee Bin Thaagae Gal Haar ||	The red color is like a dream in the night; it is like a necklace without a string.	(ਮਾਇਆ ਦਾ) ਚੁਹਚੁਹਾ ਰੰਗ (ਮਾਨੋ) ਰਾਤ ਦਾ ਸੁਫ਼ਨਾ ਹੈ, (ਮਾਨੋ) ਧਾਗੇ ਤੋਂ ਬਿਨਾ ਹਾਰ ਗਲ ਵਿਚ ਪਾਇਆ ਹੋਇਆ ਹੈ;

33555	786	ਸਚਾ ਰੰਗੁ ਮਜੀਠ ਕਾ ਗੁਰਮੁਖਿ ਬ੍ਰਹਮ ਬੀਚਾਰੁ॥		Sachaa Rang Majeeth Kaa Guramukh Breham Beechaar ||	The Gurmukhs take on the permanent color, contemplating the Lord God.	ਗੁਰੂ ਦੇ ਸਨਮੁਖ ਹੋ ਕੇ ਰੱਬ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ, (ਮਾਨੋ) ਮਜੀਠ ਦਾ ਪੱਕਾ ਰੰਗ ਹੈ।
33556	786	ਨਾਨਕ ਪ੍ਰੇਮ ਮਹਾ ਰਸੀ ਸਭਿ ਬੁਰਿਆਈਆ ਛਾਰੁ॥੨॥	ਰਸੀ:ਪੋਲਾ ਬੋਲੋ	Naanak Praem Mehaa Rasee Sabh Buriaaeeaa Shhaar ||2||	O Nanak, with the supreme sublime essence of the Lord's Love, all sins and evil deeds are turned to ashes. ||2||	ਹੇ ਨਾਨਕ! ਜੋ ਜੀਵ-ਇਸਤ੍ਰੀ (ਪ੍ਰਭੂ ਦੇ) ਪਿਆਰ ਦੇ ਮਹਾ ਰਸ ਵਿਚ ਭਿੱਜੀ ਹੋਈ ਹੈ ਉਸ ਦੇ ਸਾਰੇ ਭੈੜ (ਸੜ ਕੇ) ਸੁਆਹ ਹੋ ਜਾਂਦੇ ਹਨ ॥੨॥
33557	786	ਪਉੜੀ॥		Pourree ||	Pauree:	
33558	786	ਇਹੁ ਜਗੁ ਆਪਿ ਉਪਾਇਓਨੁ ਕਰਿ ਚੋਜ ਵਿਡਾਨੁ॥		Eihu Jag Aap Oupaaeioun Kar Choj Viddaan ||	He Himself created this world, and staged this wondrous play.	ਹੈਰਾਨ ਕਰਨ ਵਾਲੇ ਕੌਤਕ ਕਰ ਕੇ ਪ੍ਰਭੂ ਨੇ ਆਪ ਇਹ ਜਗਤ ਪੈਦਾ ਕੀਤਾ,
33559	786	ਪੰਚ ਧਾਤੁ ਵਿਚਿ ਪਾਈਅਨੁ ਮੋਹੁ ਝੂਠੁ ਗੁਮਾਨੁ॥		Panch Dhhaath Vich Paaeean Mohu Jhooth Gumaan ||	Into the body of the five elements, He infused attachment, falsehood and self-conceit.	ਇਸ ਵਿਚ ਪੰਜ ਤੱਤ ਪਾ ਦਿੱਤੇ ਜੋ ਮੋਹ ਝੂਠ ਤੇ ਗੁਮਾਨ (ਆਦਿਕ ਦਾ ਮੂਲ) ਹਨ।
33560	786	ਆਵੈ ਜਾਇ ਭਵਾਈਐ ਮਨਮੁਖੁ ਅਗਿਆਨੁ॥		Aavai Jaae Bhavaaeeai Manamukh Agiaan ||	The ignorant, self-willed manmukh comes and goes, wandering in reincarnation.	ਗਿਆਨ-ਹੀਨ ਆਪ-ਹੁਦਰਾ ਮਨੁੱਖ (ਇਹਨਾਂ ਵਿਚ ਫਸ ਕੇ) ਭਟਕਦਾ ਹੈ ਤੇ ਜੰਮਦਾ ਮਰਦਾ ਹੈ।

33561	786	ਇਕਨ੍ਹਾ ਆਪਿ ਬੁਝਾਇਓਨੁ ਗੁਰਮੁਖਿ ਹਰਿ ਗਿਆਨੁ॥		Eikanaa Aap Bujhaaeioun Guramukh Har Giaan ||	He Himself teaches some to become Gurmukh, through the spiritual wisdom of the Lord.	ਕਈ ਜੀਵਾਂ ਨੂੰ ਪ੍ਰਭੂ ਨੇ ਗੁਰੂ ਦੇ ਸਨਮੁਖ ਕਰ ਕੇ ਆਪਣਾ ਗਿਆਨ ਆਪ ਸਮਝਾਇਆ ਹੈ,
33562	786	ਭਗਤਿ ਖਜਾਨਾ ਬਖਸਿਓਨੁ ਹਰਿ ਨਾਮੁ ਨਿਧਾਨੁ॥੪॥		Bhagath Khajaanaa Bakhasioun Har Naam Nidhhaan ||4||	He blesses them with the treasure of devotional worship, and the wealth of the Lord's Name. ||4||	ਤੇ ਉਸ ਪ੍ਰਭੂ ਨੇ ਭਗਤੀ ਤੇ ਨਾਮ-ਰੂਪ ਖ਼ਜ਼ਾਨਾ ਬਖ਼ਸ਼ਿਆ ਹੈ ॥੪॥
33563	786	ਸਲੋਕੁ ਮਃ ੩॥		Salok Ma 3 ||	Shalok, Third Mehl:	
33564	786	ਸੂਹਵੀਏ ਸੂਹਾ ਵੇਸੁ ਛਡਿ ਤੂ ਤਾ ਪਿਰ ਲਗੀ ਪਿਆਰੁ॥		Soohaveeeae Soohaa Vaes Shhadd Thoo Thaa Pir Lagee Piaar ||	O red-robed woman, discard your red dress, and then, you shall come to love your Husband Lord.	ਹੇ ਕਸੁੰਭੇ-ਰੰਗ ਨਾਲ ਪਿਆਰ ਕਰਨ ਵਾਲੀਏ! ਮਨ ਨੂੰ ਮੋਹਣ ਵਾਲੇ ਪਦਾਰਥਾਂ ਦਾ ਪਿਆਰ ਛੱਡ, ਤਾਂ ਹੀ ਤੇਰਾ ਆਪਣੇ ਪਤੀ-ਪ੍ਰਭੂ ਨੂੰ ਪਿਆਰ ਬਣੇਗਾ।
33565	787	ਸੂਹੈ ਵੇਸਿ ਪਿਰੁ ਕਿਨੈ ਨ ਪਾਇਓ ਮਨਮੁਖਿ ਦਝਿ ਮੁਈ ਗਾਵਾਰਿ॥	ਦੱਝਿ	Soohai Vaes Pir Kinai N Paaeiou Manamukh Dhajh Muee Gaavaar ||	By wearing her red dress, no one has found her Husband Lord; the self-willed manmukh is burnt to death.	ਇਸ ਚੁਹਚੁਹੇ ਰੰਗ ਵਿਚ (ਮੋਹ ਪਾ ਕੇ) ਕਦੇ ਕਿਸੇ ਨੇ ਖਸਮ-ਪ੍ਰਭੂ ਨਹੀਂ ਪਾਇਆ, (ਅਜੇਹੀ) ਆਪ-ਹੁਦਰੀ ਮੂਰਖ ਇਸਤ੍ਰੀ (ਇਸ ਮੋਹ ਵਿਚ ਹੀ) ਸੜ ਮਰਦੀ ਹੈ।

33566	787	ਸਤਿਗੁਰਿ ਮਿਲਿਐ ਸੂਹਾ ਵੇਸੁ ਗਇਆ ਹਉਮੈ ਵਿਚਹੁ ਮਾਰਿ॥		Sathigur Miliai Soohaa Vaes Gaeiaa Houmai Vichahu Maar ||	Meeting the True Guru, she discards her red dress, and eradicates egotism from within.	ਜੇ ਗੁਰੂ ਮਿਲ ਪਏ ਤਾਂ ਅੰਦਰੋਂ ਹਉਮੈ ਦੂਰ ਕੀਤਿਆਂ ਸ਼ੋਖ਼-ਰੰਗ ਮਾਇਆ ਦਾ ਮੋਹ ਦੂਰ ਹੋ ਜਾਂਦਾ ਹੈ।
33567	787	ਮਨੁ ਤਨੁ ਰਤਾ ਲਾਲੁ ਹੋਆ ਰਸਨਾ ਰਤੀ ਗੁਣ ਸਾਰਿ॥		Man Than Rathaa Laal Hoaa Rasanaa Rathee Gun Saar ||	Her mind and body are imbued with the deep red color of His Love, and her tongue is imbued, singing His Praises and excellences.	ਮਨ ਤੇ ਸਰੀਰ (ਨਾਮ-ਰੂਪ ਮਜੀਠ ਰੰਗ ਨਾਲ) ਰੱਤਾ ਲਾਲ ਹੋ ਜਾਂਦਾ ਹੈ, ਜੀਭ ਪ੍ਰਭੂ ਦੇ ਗੁਣ ਯਾਦ ਕਰ ਕੇ ਰੰਗੀ ਜਾਂਦੀ ਹੈ।
33568	787	ਸਦਾ ਸੋਹਾਗਣਿ ਸਬਦੁ ਮਨਿ ਭੈ ਭਾਇ ਕਰੇ ਸੀਗਾਰੁ॥		Sadhaa Sohaagan Sabadh Man Bhai Bhaae Karae Seegaar ||	She becomes His soul-bride forever, with the Word of the Shabad in her mind; she makes the Fear of God and the Love of God her ornaments and decorations.	ਜਿਸ ਜੀਵ-ਇਸਤ੍ਰੀ ਨੇ ਪ੍ਰਭੂ ਤੇ ਡਰ ਤੇ ਪਿਆਰ ਦੀ ਰਾਹੀਂ (ਆਪਣੇ ਮਨ ਦਾ) ਸੋਹਜ ਬਣਾਇਆ ਹੈ ਜਿਸ ਦੇ ਮਨ ਵਿਚ ਗੁਰ-ਸ਼ਬਦ ਵੱਸਦਾ ਹੈ ਉਹ ਸਦਾ ਲਈ ਸੁਹਾਗ ਭਾਗ ਵਾਲੀ ਹੋ ਜਾਂਦੀ ਹੈ।

33569	787	ਨਾਨਕ ਕਰਮੀ ਮਹਲੁ ਪਾਇਆ ਪਿਰੁ ਰਾਖਿਆ ਉਰ ਧਾਰਿ॥੧॥		Naanak Karamee Mehal Paaeiaa Pir Raakhiaa Our Dhhaar ||1||	O Nanak, by His Merciful Grace, she obtains the Mansion of the Lord's Presence, and keeps Him enshrined in her heart. ||1||	ਹੇ ਨਾਨਕ! ਪ੍ਰਭੂ ਦੀ ਮਿਹਰ ਨਾਲ ਪ੍ਰਭੂ ਨੂੰ ਹਿਰਦੇ ਵਿਚ ਟਿਕਾਇਆਂ ਉਸ ਦੀ ਹਜ਼ੂਰੀ ਪ੍ਰਾਪਤ ਹੁੰਦੀ ਹੈ ॥੧॥
33570	787	ਮਃ ੩॥		Ma 3 ||	Third Mehl:	
33571	787	ਮੁੰਧੇ ਸੂਹਾ ਪਰਹਰਹੁ ਲਾਲੁ ਕਰਹੁ ਸੀਗਾਰੁ॥		Mundhhae Soohaa Pareharahu Laal Karahu Seegaar ||	O bride, forsake your red dress, and decorate yourself with the crimson color of His Love.	ਹੇ ਜੀਵ-ਇਸਤ੍ਰੀ! ਮਨ ਨੂੰ ਮੋਹਣ ਵਾਲੇ ਪਦਾਰਥਾਂ ਦਾ ਪਿਆਰ ਛੱਡ ਤੇ ਪਰਮਾਤਮਾ ਦਾ ਨਾਮ-ਸਿੰਗਾਰ ਬਣਾ ਜੋ (ਮਾਨੋ, ਮਜੀਠ ਦਾ ਪੱਕਾ) ਲਾਲ ਰੰਗ ਹੈ।
33572	787	ਆਵਣ ਜਾਣਾ ਵੀਸਰੈ ਗੁਰ ਸਬਦੀ ਵੀਚਾਰੁ॥		Aavan Jaanaa Veesarai Gur Sabadhee Veechaar ||	Your comings and goings shall be forgotten, contemplating the Word of the Guru's Shabad.	ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਦੇ ਨਾਮ ਦਾ) ਵਿਚਾਰ ਕਰ, ਜਨਮ ਮਰਨ ਵਾਲਾ ਸਿਲਸਿਲਾ ਮੁੱਕ ਜਾਇਗਾ।
33573	787	ਮੁੰਧ ਸੁਹਾਵੀ ਸੋਹਣੀ ਜਿਸੁ ਘਰਿ ਸਹਜਿ ਭਤਾਰੁ॥		Mundhh Suhaavee Sohanee Jis Ghar Sehaj Bhathaar ||	The soul-bride is adorned and beautiful; the Celestial Lord, her Husband, abides in her home.	ਉਹ ਜੀਵ-ਇਸਤ੍ਰੀ ਸੋਹਣੀ ਸੁੰਦਰ ਹੈ ਜਿਸ ਦੇ ਹਿਰਦੇ-ਘਰ ਵਿਚ ਅਡੋਲ ਅਵਸਥਾ ਬਣ ਜਾਣ ਕਰਕੇ ਖਸਮ-ਪ੍ਰਭੂ ਆ ਵੱਸਦਾ ਹੈ,

33574	787	ਨਾਨਕ ਸਾ ਧਨ ਰਾਵੀਐ ਰਾਵੇ ਰਾਵਣਹਾਰੁ॥੨॥		Naanak Saa Dhhan Raaveeai Raavae Raavanehaar ||2||	O Nanak, the bride ravishes and enjoys Him; and He, the Ravisher, ravishes and enjoys her. ||2||	ਹੇ ਨਾਨਕ! ਉਸ ਜੀਵ-ਇਸਤ੍ਰੀ ਨੂੰ ਚੋਜੀ ਪ੍ਰਭੂ ਆਪਣੇ ਨਾਲ ਮਿਲਾ ਲੈਂਦਾ ਹੈ ॥੨॥
33575	787	ਪਉੜੀ॥		Pourree ||	Pauree:	
33576	787	ਮੋਹੁ ਕੂੜੁ ਕੁਟੰਬੁ ਹੈ ਮਨਮੁਖੁ ਮੁਗਧੁ ਰਤਾ॥	ਰੱਤਾ	Mohu Koorr Kuttanb Hai Manamukh Mugadhh Rathaa ||	The foolish, self-willed manmukh is engrossed in false attachment to family.	(ਇਸ ਜਗਤ ਵਿਚ) ਮੋਹ ਕੂੜ ਤੇ ਜੰਜਾਲ (ਪ੍ਰਬਲ) ਹੈ, ਮੂਰਖ ਆਪ-ਹੁਦਰਾ ਮਨੁੱਖ ਇਸ ਵਿਚ ਰੱਤਾ ਹੋਇਆ ਹੈ;
33577	787	ਹਉਮੈ ਮੇਰਾ ਕਰਿ ਮੁਏ ਕਿਛੁ ਸਾਥਿ ਨ ਲਿਤਾ॥	ਲਿੱਤਾ	Houmai Maeraa Kar Mueae Kishh Saathh N Lithaa ||	Practicing egotism and self-conceit, he dies and departs, taking nothing along with him.	ਮੈਂ, ਮੇਰੀ ਵਿਚ (ਭਾਵ, "ਮੈਂ ਵੱਡਾ ਹਾਂ", "ਇਹ ਧਨ ਪਦਾਰਥ ਮੇਰਾ ਹੈ" ਇਹ ਆਖ ਆਖ ਕੇ) ਮਨਮੁਖ ਬੰਦੇ (ਏਥੇ ਖ਼ੁਆਰ ਹੁੰਦੇ ਹਨ, (ਤੇ ਮਰਨ ਵੇਲੇ ਏਥੋਂ) ਕੁਝ ਨਾਲ ਨਹੀਂ ਲੈ ਤੁਰਦੇ।
33578	787	ਸਿਰ ਉਪਰਿ ਜਮਕਾਲੁ ਨ ਸੁਝਈ ਦੂਜੈ ਭਰਮਿਤਾ॥		Sir Oupar Jamakaal N Sujhee Dhoojai Bharamithaa ||	He does not understand that the Messenger of Death is hovering over his head; he is deluded by duality.	ਮਾਇਆ ਵਿਚ ਭਟਕਣ ਦੇ ਕਾਰਨ (ਇਹਨਾਂ ਨੂੰ) ਸਿਰ ਤੇ ਮੌਤ ਖਲੋਤੀ ਭੀ ਨਹੀਂ ਸੁੱਝਦੀ,

33579	787	ਫਿਰਿ ਵੇਲਾ ਹਥਿ ਨ ਆਵਈ ਜਮਕਾਲਿ ਵਸਿ ਕਿਤਾ॥	ਵੱਸਿ	Fir Vaelaa Hathh N Aavee Jamakaal Vas Kithaa ||	This opportunity will not come into his hands again; the Messenger of Death will seize him.	ਤੇ ਜਦੋਂ ਮੌਤ ਨੇ ਆ ਨੱਪਿਆ ਤਦੋਂ ਇਹ ਗੁਆਚਾ ਸਮਾ ਮੁੜ ਮਿਲਦਾ ਨਹੀਂ।
33580	787	ਜੇਹਾ ਧੁਰਿ ਲਿਖਿ ਪਾਇਓਨੁ ਸੇ ਕਰਮ ਕਮਿਤਾ॥੫॥	ਕਮਿੱਤਾ	Jaehaa Dhhur Likh Paaeioun Sae Karam Kamithaa ||5||	He acts according to his pre-ordained destiny. ||5||	(ਪਰ ਮਨਮੁਖ ਭੀ ਕੀਹ ਕਰਨ?) ਪ੍ਰਭੂ ਨੇ (ਜੀਵਾਂ ਦੇ ਪਿਛਲੇ ਕੀਤੇ ਕਰਮਾਂ ਅਨੁਸਾਰ) ਜੋ ਲੇਖ ਧੁਰੋਂ ਮੱਥੇ ਤੇ ਲਿਖ ਦਿੱਤੇ, ਜੀਵ ਉਹੋ ਜਿਹੇ ਹੀ ਕਰਮ ਕਮਾਂਦੇ ਹਨ ॥੫॥
33581	787	ਸਲੋਕੁ ਮਃ ੩॥		Salok Ma 3 ||	Shalok, Third Mehl:	
33582	787	ਸਤੀਆ ਏਹਿ ਨ ਆਖੀਅਨਿ ਜੋ ਮੜਿਆ ਲਗਿ ਜਲੰਨਿ॥	ਸਤੀਆਂ। (ਮੜ੍ਹਿਆਂ) ਮੁਰਦਿਆਂ। ਜ-ਲੰਨਿ	Satheeaa Eaehi N Aakheean Jo Marriaa Lag Jalannih ||	Do not call them 'satee', who burn themselves along with their husbands' corpses.	ਉਹ ਇਸਤ੍ਰੀਆਂ ਸਤੀ (ਹੋ ਗਈਆਂ) ਨਹੀਂ ਆਖੀਦੀਆਂ ਜੋ (ਪਤੀ ਦੀ) ਲੋਥ ਦੇ ਨਾਲ ਸੜ ਮਰਦੀਆਂ ਹਨ।
33583	787	ਨਾਨਕ ਸਤੀਆ ਜਾਣੀਅਨਿ ਜਿ ਬਿਰਹੇ ਚੋਟ ਮਰੰਨਿ॥੧॥	ਮ-ਰੰਨਿ	Naanak Satheeaa Jaaneeanih J Birehae Chott Marannih ||1||	O Nanak, they alone are known as 'satee', who die from the shock of separation. ||1||	ਹੇ ਨਾਨਕ! ਜੋ (ਪਤੀ ਦੀ ਮੌਤ ਤੇ) ਵਿਛੋੜੇ ਦੀ ਹੀ ਸੱਟ ਨਾਲ ਮਰ ਜਾਣ ਉਹਨਾਂ ਨੂੰ ਸਤੀ (ਹੋ ਗਈਆਂ) ਸਮਝਣਾ ਚਾਹੀਦਾ ਹੈ ॥੧॥
33584	787	ਮਃ ੩॥		Ma 3 ||	Third Mehl:	

33585	787	ਭੀ ਸੋ ਸਤੀਆ ਜਾਣੀਅਨਿ ਸੀਲ ਸੰਤੋਖਿ ਰਹੰਨ੍ਹਿ॥		Bhee So Satheeaa Jaaneean Seel Santhokh Rehannih ||	They are also known as 'satee', who abide in modesty and contentment.	ਉਹਨਾਂ ਜ਼ਨਾਨੀਆਂ ਨੂੰ ਭੀ ਸਤੀਆਂ ਹੀ ਸਮਝਣਾ ਚਾਹੀਦਾ ਹੈ, ਜੋ ਪਤਿਬ੍ਰਤ-ਧਰਮ ਵਿਚ ਰਹਿੰਦੀਆਂ ਹਨ,
33586	787	ਸੇਵਨਿ ਸਾਈ ਆਪਣਾ ਨਿਤ ਉਠਿ ਸੰਮ੍ਹਾਲੰਨ੍ਹਿ॥੨॥	(ਸਾਂਈਂ)ਸੰ-ਮ੍ਹਾਲੰਨ੍ਹਿ	Saevan Saaee Aapanaa Nith Outh Sanmhaalannih ||2||	They serve their Lord, and rise in the early hours to contemplate Him. ||2||	ਜੋ ਆਪਣੇ ਖਸਮ ਦੀ ਸੇਵਾ ਕਰਦੀਆਂ ਹਨ ਤੇ ਸਦਾ ਉੱਦਮ ਨਾਲ ਆਪਣਾ ਇਹ ਧਰਮ ਚੇਤੇ ਰੱਖਦੀਆਂ ਹਨ ॥੨॥
33587	787	ਮਃ ੩॥		Ma 3 ||	Third Mehl:	
33588	787	ਕੰਤਾ ਨਾਲਿ ਮਹੇਲੀਆ ਸੇਤੀ ਅਗਿ ਜਲਾਹਿ॥		Kanthaa Naal Mehaeleeaa Saethee Ag Jalaahi ||	The widows burn themselves in the fire, along with their husbands' corpses.	(ਸਤੀ) ਇਸਤ੍ਰੀਆਂ ਆਪਣੇ ਖਸਮ ਦੇ ਜੀਉਂਦਿਆਂ ਉਸ ਦੀ ਸੇਵਾ ਕਰਦੀਆਂ ਹਨ, ਅੱਗ ਨਾਲ ਸੜਦੀਆਂ ਭਾਵ ਜਗਤ ਦੇ ਦੁਖ ਸੁਖ ਵਿਚ ਕੰਤ ਦਾ ਸਾਥ ਦੇਂਦੀਆਂ ਹਨ।
33589	787	ਜੇ ਜਾਣਹਿ ਪਿਰੁ ਆਪਣਾ ਤਾ ਤਨਿ ਦੁਖ ਸਹਾਹਿ॥		Jae Jaanehi Pir Aapanaa Thaa Than Dhukh Sehaahi ||	If they truly knew their husbands, then they suffer terrible bodily pain.	ਪਤੀ ਨੂੰ "ਆਪਣਾ" ਸਮਝਦੀਆਂ ਹਨ ਤਾਂਹੀਏਂ ਸਰੀਰ ਦੇ ਦੁੱਖ ਸਹਿੰਦੀਆਂ ਹਨ।
33590	787	ਨਾਨਕ ਕੰਤ ਨ ਜਾਣਨੀ ਸੇ ਕਿਉ ਅਗਿ ਜਲਾਹਿ॥		Naanak Kanth N Jaananee Sae Kio Ag Jalaahi ||	O Nanak, if they did not truly know their husbands, why should they burn themselves in the fire?	ਪਰ, ਹੇ ਨਾਨਕ! ਜਿਨ੍ਹਾਂ ਨੇ ਖਸਮ ਨੂੰ ਖਸਮ ਨਾਹ ਜਾਤਾ, ਉਹ ਕਿਉਂ ਦੁੱਖ ਸਹਿਣ?

33591	787	ਭਾਵੈ ਜੀਵਉ ਕੈ ਮਰਉ ਦੂਰਹੁ ਹੀ ਭਜਿ ਜਾਹਿ॥੩॥	ਭੱਜਿ	Bhaavai Jeevo Kai Maro Dhoorahu Hee Bhaj Jaahi ||3||	Whether their husbands are alive or dead, those wives remain far away from them. ||3||	ਪਤੀ ਚਾਹੇ ਸੁਖੀ ਹੋਵੇ ਚਾਹੇ ਦੁਖੀ ਹੋਵੇ ਉਹ (ਔਖੇ ਵੇਲੇ) ਨੇੜੇ ਨਹੀਂ ਢੁਕਦੀਆਂ ॥੩॥
33592	787	ਪਉੜੀ॥		Pourree ||	Pauree:	
33593	787	ਤੁਧੁ ਦੁਖੁ ਸੁਖੁ ਨਾਲਿ ਉਪਾਇਆ ਲੇਖੁ ਕਰਤੈ ਲਿਖਿਆ॥		Thudhh Dhukh Sukh Naal Oupaaeiaa Laekh Karathai Likhiaa ||	You created pain along with pleasure; O Creator, such is the writ You have written.	ਹੇ ਕਰਤਾਰ! (ਜਗਤ ਵਿਚ ਜੀਵ ਪੈਦਾ ਕਰ ਕੇ) ਦੁੱਖ ਤੇ ਸੁਖ ਭੀ ਤੂੰ ਉਹਨਾਂ ਦੇ ਨਾਲ ਹੀ ਪੈਦਾ ਕਰ ਦਿੱਤੇ, (ਦੁੱਖ ਤੇ ਸੁੱਖ ਦਾ) ਲੇਖ ਭੀ (ਤੂੰ ਉਹਨਾਂ ਦੇ ਮੱਥੇ ਤੇ) ਲਿਖ ਦਿੱਤਾ।
33594	787	ਨਾਵੈ ਜੇਵਡੁ ਹੋਰ ਦਾਤਿ ਨਾਹੀ ਤਿਸੁ ਰੂਪੁ ਨ ਰਿਖਿਆ॥		Naavai Jaevadd Hor Dhaath Naahee This Roop N Rikhiaa ||	There is no other gift as great as the Name; it has no form or sign.	ਜਿਸ ਪ੍ਰਭੂ ਦਾ ਨਾਹ ਕੋਈ ਖ਼ਾਸ ਰੂਪ ਤੇ ਨਾਹ ਰੇਖ ਹੈ, ਉਸ ਦੇ ਨਾਮ ਦੇ ਬਰਾਬਰ (ਜੀਵਾਂ ਲਈ) ਹੋਰ ਕੋਈ ਬਖ਼ਸ਼ਸ਼ ਨਹੀਂ ਹੈ।
33595	787	ਨਾਮੁ ਅਖੁਟੁ ਨਿਧਾਨੁ ਹੈ ਗੁਰਮੁਖਿ ਮਨਿ ਵਸਿਆ॥		Naam Akhutt Nidhhaan Hai Guramukh Man Vasiaa ||	The Naam, the Name of the Lord, is an inexhaustible treasure; it abides in the mind of the Gurmukh.	'ਨਾਮ' ਇਕ ਐਸਾ ਖ਼ਜ਼ਾਨਾ ਹੈ ਜੋ ਕਦੇ ਮੁੱਕਦਾ ਨਹੀਂ, ਗੁਰੂ ਦੇ ਸਨਮੁਖ ਹੋਇਆਂ ਇਹ ਮਨ ਵਿਚ ਵੱਸਦਾ ਹੈ।
33596	787	ਕਰਿ ਕਿਰਪਾ ਨਾਮੁ ਦੇਵਸੀ ਫਿਰਿ ਲੇਖੁ ਨ ਲਿਖਿਆ॥		Kar Kirapaa Naam Dhaevasee Fir Laekh N Likhiaa ||	In His Mercy, He blesses us with the Naam, and then, the writ of pain and pleasure is not written.	ਜਿਸ ਮਨੁੱਖ ਨੂੰ ਮਿਹਰ ਕਰ ਕੇ ਪ੍ਰਭੂ 'ਨਾਮ' ਦੇਂਦਾ ਹੈ, ਉਸ (ਦੇ ਚੰਗੇ ਮੰਦੇ ਕਰਮਾਂ) ਦਾ ਲੇਖ ਮੁੜ ਨਹੀਂ ਲਿਖਦਾ।

33597	787	ਸੇਵਕ ਭਾਇ ਸੇ ਜਨ ਮਿਲੇ ਜਿਨ ਹਰਿ ਜਪੁ ਜਪਿਆ॥੬॥		Saevak Bhaae Sae Jan Milae Jin Har Jap Japiaa ||6||	Those humble servants who serve with love, meet the Lord, chanting the Chant of the Lord. ||6||	ਪਰ, ਉਹੀ ਮਨੁੱਖ ਪ੍ਰਭੂ ਨੂੰ ਮਿਲਦੇ ਹਨ ਜੋ ਸੇਵਕ-ਭਾਵ ਵਿਚ ਰਹਿ ਕੇ ਹਰਿ-ਨਾਮ ਦਾ ਜਾਪ ਜਪਦੇ ਹਨ ॥੬॥
33598	787	ਸਲੋਕੁ ਮਃ ੨॥		Salok Ma 2 ||	Shalok, Second Mehl:	
33599	787	ਜਿਨ੍ਹੀ ਚਲਣੁ ਜਾਣਿਆ ਸੇ ਕਿਉ ਕਰਹਿ ਵਿਥਾਰ॥		Jinee Chalan Jaaniaa Sae Kio Karehi Vithhaar ||	They know that they will have to depart, so why do they make such ostentatious displays?	ਉਹ ਮਨੁੱਖ ਦੁਨੀਆ ਦੇ ਬਹੁਤੇ ਖਿਲਾਰੇ ਨਹੀਂ ਖਿਲਾਰਦੇ (ਭਾਵ, ਮਨ ਨੂੰ ਜਗਤ ਦੇ ਧੰਧਿਆਂ ਵਿਚ ਨਹੀਂ ਖਿਲਾਰ ਦੇਂਦੇ) ਜਿਨ੍ਹਾਂ ਇਹ ਸਮਝ ਲਿਆ ਹੈ ਕਿ ਇਥੋਂ ਚਲੇ ਜਾਣਾ ਹੈ;
33600	787	ਚਲਣ ਸਾਰ ਨ ਜਾਣਨੀ ਕਾਜ ਸਵਾਰਣਹਾਰ॥੧॥		Chalan Saar N Jaananee Kaaj Savaaranehaar ||1||	Those who do not know that they will have to depart, continue to arrange their affairs. ||1||	ਪਰ, ਨਿਰੇ ਦੁਨੀਆ ਦੇ ਕੰਮ ਨਿਜਿੱਠਣ ਵਾਲੇ ਬੰਦੇ (ਇਥੋਂ ਆਖ਼ਰ) ਤੁਰ ਜਾਣ ਦਾ ਖ਼ਿਆਲ ਭੀ ਨਹੀਂ ਕਰਦੇ ॥੧॥
33601	787	ਮਃ ੨॥		Ma 2 ||	Second Mehl:	
33602	787	ਰਾਤਿ ਕਾਰਣਿ ਧਨੁ ਸੰਚੀਐ ਭਲਕੇ ਚਲਣੁ ਹੋਇ॥		Raath Kaaran Dhhan Sancheeai Bhalakae Chalan Hoe ||	He accumulates wealth during the night of his life, but in the morning, he must depart.	ਜੇ ਸਿਰਫ਼ ਰਾਤ ਦੀ ਖ਼ਾਤਰ ਧਨ ਇਕੱਠਾ ਕਰੀਏ ਤੇ ਸਵੇਰੇ (ਉੱਠ ਕੇ ਓਥੋਂ) ਤੁਰ ਪੈਣਾ ਹੋਵੇ,

33603	787	ਨਾਨਕ ਨਾਲਿ ਨ ਚਲਈ ਫਿਰਿ ਪਛੁਤਾਵਾ ਹੋਇ॥੨॥		Naanak Naal N Chalee Fir Pashhuthaavaa Hoe ||2||	O Nanak, it shall not go along with him, and so he regrets. ||2||	ਹੇ ਨਾਨਕ! (ਤੁਰਨ ਲੱਗਿਆਂ ਉਹ ਧਨ) ਨਾਲ ਜਾ ਨਾ ਸਕੇ ਤਾਂ ਹੱਥ ਮਲਣੇ ਪੈਂਦੇ ਹਨ ॥੨॥
33604	787	ਮਃ ੨॥		Ma 2 ||	Second Mehl:	
33605	787	ਬਧਾ ਚਟੀ ਜੋ ਭਰੇ ਨਾ ਗੁਣੁ ਨਾ ਉਪਕਾਰੁ॥	ਬੱਧਾ।ਚੱਟੀ	Badhhaa Chattee Jo Bharae Naa Gun Naa Oupakaar ||	Paying a fine under pressure, does not bring either merit or goodness.	ਜੋ ਮਨੁੱਖ ਕੋਈ ਕੰਮ ਬੱਧਾ-ਰੁੱਧਾ ਕਰੇ, ਉਸ ਦਾ ਲਾਭ ਨਾਹ ਆਪਣੇ ਆਪ ਨੂੰ ਤੇ ਨਾਹ ਕਿਸੇ ਹੋਰ ਨੂੰ।
33606	787	ਸੇਤੀ ਖੁਸੀ ਸਵਾਰੀਐ ਨਾਨਕ ਕਾਰਜੁ ਸਾਰੁ॥੩॥	ਸੇਂਤੀ	Saethee Khusee Savaareeai Naanak Kaaraj Saar ||3||	That alone is a good deed, O Nanak, which is done by one's own free will. ||3||	ਹੇ ਨਾਨਕ! ਉਹੀ ਕੰਮ ਸਿਰੇ ਚੜ੍ਹਿਆ ਜਾਣੋ ਜੋ ਖ਼ੁਸ਼ੀ ਨਾਲ ਕੀਤਾ ਜਾਏ ॥੩॥
33607	787	ਮਃ ੨॥		Ma 2 ||	Second Mehl:	
33608	787	ਮਨ ਹਠਿ ਤਰਫ ਨ ਜਿਪਈ ਜੇ ਬਹੁਤਾ ਘਾਲੇ॥	(ਜਿਪਈ)ਜਿੱਤ ਨਹੀਂ ਸਕਦਾ	Manehath Tharaf N Jipee Jae Bahuthaa Ghaalae ||	Stubborn-mindedness will not win the Lord to one's side, no matter how much it is tried.	ਭਾਵੇਂ ਕਿਤਨੀ ਹੀ ਮਿਹਨਤ ਮਨੁੱਖ ਕਰੇ, ਰੱਬ ਵਾਲਾ ਪਾਸਾ ਮਨ ਦੇ ਹਠ ਨਾਲ ਜਿੱਤਿਆ ਨਹੀਂ ਜਾ ਸਕਦਾ;

33609	787	ਤਰਫ ਜਿਣੈ ਸਤ ਭਾਉ ਦੇ ਜਨ ਨਾਨਕ ਸਬਦੁ ਵੀਚਾਰੇ॥੪॥	ਮੋਹ ਹੰਕਾਰ ਵਿਕਾਰ ਨਿੰਦਾ ਚੁਗ਼ਲੀ ਚੋਰੀ ਵੈਰ ਔਗੁਣਾਂ ਦੋਸ਼ਾਂ ਨਸ਼ਿਆਂ ਵਿਸ਼ਿਆਂ ਦੀ(ਤਰਫ)ਤਰਫ਼ੋਂ। ਤਾਂ ਮਨ (ਜਿਣੈ)ਜਿੱਤ ਸਕਦਾ ਹੈ। (ਸਤ)ਸੱਚੇ। (ਭਾਉ)ਪ੍ਰੇਮ	Tharaf Jinai Sath Bhaao Dhae Jan Naanak Sabadh Veechaarae ||4||	The Lord is won over to your side, by offering Him your true love, O servant Nanak, and contemplating the Word of the Shabad. ||4||	ਹੇ ਦਾਸ ਨਾਨਕ! ਉਹ ਮਨੁੱਖ (ਇਹ) ਪਾਸਾ ਜਿੱਤਦਾ ਹੈ ਜੋ ਸੁਭ ਭਾਵਨਾ ਵਰਤਦਾ ਹੈ ਤੇ ਗੁਰੂ ਦੇ ਸ਼ਬਦ ਨੂੰ ਵੀਚਾਰਦਾ ਹੈ ॥੪॥
33610	787	ਪਉੜੀ॥		Pourree ||	Pauree:	
33611	787	ਕਰਤੈ ਕਾਰਣੁ ਜਿਨਿ ਕੀਆ ਸੋ ਜਾਣੈ ਸੋਈ॥		Karathai Kaaran Jin Keeaa So Jaanai Soee ||	The Creator created the world; He alone understands it.	ਜਿਸ ਕਰਤਾਰ ਨੇ ਇਹ ਜਗਤ ਬਣਾਇਆ ਹੈ ਇਸ ਦੀ ਸੰਭਾਲ ਕਰਨੀ ਉਹ ਆਪ ਹੀ ਜਾਣਦਾ ਹੈ।
33612	787	ਆਪੇ ਸ੍ਰਿਸਟਿ ਉਪਾਈਅਨੁ ਆਪੇ ਫੁਨਿ ਗੋਈ॥		Aapae Srisatt Oupaaeean Aapae Fun Goee ||	He Himself created the Universe, and He Himself shall destroy it afterwards.	ਉਸ ਨੇ ਆਪ ਹੀ ਸ੍ਰਿਸ਼ਟੀ ਪੈਦਾ ਕੀਤੀ ਹੈ ਤੇ ਆਪ ਹੀ ਮੁੜ ਨਾਸ ਕਰਦਾ ਹੈ।
33613	788	ਜੁਗ ਚਾਰੇ ਸਭ ਭਵਿ ਥਕੀ ਕਿਨਿ ਕੀਮਤਿ ਹੋਈ॥	ਥੱਕੀ	Jug Chaarae Sabh Bhav Thhakee Kin Keemath Hoee ||	All have grown weary of wandering throughout the four ages, but none know the Lord's worth.	ਜਦੋਂ ਤੋਂ ਜਗਤ ਬਣਿਆ ਹੈ ਉਸ ਸਮੇ ਤੋਂ ਲੈ ਕੇ ਹੁਣ ਤਕ ਧਿਆਨ ਮਾਰ ਕੇ ਵੇਖਿਆ ਹੈ ਕਿਸੇ ਜੀਵ ਪਾਸੋਂ ਪ੍ਰਭੂ ਦੀ ਬਜ਼ੁਰਗੀ ਦਾ ਮੁੱਲ ਨਹੀਂ ਪੈ ਸਕਿਆ।

33614	788	ਸਤਿਗੁਰਿ ਏਕੁ ਵਿਖਾਲਿਆ ਮਨਿ ਤਨਿ ਸੁਖੁ ਹੋਈ॥		Sathigur Eaek Vikhaaliaa Man Than Sukh Hoee ||	The True Guru has shown me the One Lord, and my mind and body are at peace.	ਜਿਸ ਮਨੁੱਖ ਨੂੰ ਗੁਰੂ ਨੇ ਉਹ ਇੱਕ ਪ੍ਰਭੂ ਵਿਖਾ ਦਿੱਤਾ ਹੈ ਉਸ ਦੇ ਮਨ ਵਿਚ ਉਸ ਦੇ ਤਨ ਵਿਚ ਸੁਖ ਹੁੰਦਾ ਹੈ।
33615	788	ਗੁਰਮੁਖਿ ਸਦਾ ਸਲਾਹੀਐ ਕਰਤਾ ਕਰੇ ਸੁ ਹੋਈ॥੭॥		Guramukh Sadhaa Salaaheeai Karathaa Karae S Hoee ||7||	The Gurmukh praises the Lord forever; that alone happens, which the Creator Lord does. ||7||	ਜੋ ਕਰਤਾਰ ਸਭ ਕੁਝ ਕਰਨ ਦੇ ਆਪ ਸਮਰੱਥ ਹੈ ਉਸ ਦੀ ਗੁਰੂ ਦੀ ਰਾਹੀਂ ਹੀ ਸਿਫ਼ਤਿ-ਸਾਲਾਹ ਕੀਤੀ ਜਾ ਸਕਦੀ ਹੈ ॥੭॥
33616	788	ਸਲੋਕ ਮਹਲਾ ੨॥		Salok Mehalaa 2 ||	Shalok, Second Mehl:	
33617	788	ਜਿਨਾ ਭਉ ਤਿਨ੍ ਨਾਹਿ ਭਉ ਮੁਚੁ ਭਉ ਨਿਭਵਿਆਹ॥	ਜਿਨ੍ਹਾਂ ਨੂੰ ਪ੍ਰਮੇਸ਼ਰ ਦਾ (ਭਉ)ਡਰ ਹੈ, ਉਨ੍ਹਾਂ ਨੂੰ ਕਾਲ ਜਮਾਂ ਦਾ ਭਉ ਭੈ ਨਹੀਂ, ਜੋ ਪ੍ਰਮੇਸ਼ਰ ਦੇ ਭੈ ਤੋਂ (ਨਿਭਵਿਆਹ)ਨਿੱਡਰ ਹਨ, ਉਨ੍ਹਾਂ ਨੂੰ ਲੋਕ ਪ੍ਰਲੋਕ ਚ ਮੁਚੁਬਹੁਤ ਭੈ ਹੈ। ਨਿ-ਭਵਿਆਹ	Jinaa Bho Thinh Naahi Bho Much Bho Nibhaviaah ||	Those who have the Fear of God, have no other fears; those who do not have the Fear of God, are very afraid.	ਜਿਨ੍ਹਾਂ ਮਨੁੱਖਾਂ ਨੂੰ (ਰੱਬ ਦਾ) ਡਰ ਹੈ ਉਹਨਾਂ ਨੂੰ (ਦੁਨੀਆ ਵਾਲਾ ਕੋਈ) ਡਰ ਨਹੀਂ (ਮਾਰਦਾ), (ਰੱਬ ਵਲੋਂ) ਨਿਡਰਾਂ ਨੂੰ (ਦੁਨੀਆ ਦਾ) ਬਹੁਤ ਡਰ ਵਿਆਪਦਾ ਹੈ।
33618	788	ਨਾਨਕ ਏਹੁ ਪਟੰਤਰਾ ਤਿਤੁ ਦੀਬਾਣਿ ਗਇਆਹ॥੧॥	ਸਾਧਸੰਗਤ ਜਾਂ ਪ੍ਰਲੋਕ ਚ (ਪਟੰਤਰਾ)ਭੇਦ ਖੁੱਲ੍ਹੇਗਾ, ਨਿਰਨਾ ਹੋਵੇਗਾ	Naanak Eaehu Pattantharaa Thith Dheebaan Gaeiaah ||1||	O Nanak, this mystery is revealed at the Court of the Lord. ||1||	ਹੇ ਨਾਨਕ! ਇਹ ਨਿਰਣਾ ਤਦੋਂ ਹੁੰਦਾ ਹੈ ਜਦੋਂ ਮਨੁੱਖ ਉਸ (ਰੱਬੀ) ਹਜ਼ੂਰੀ ਵਿਚ ਅੱਪੜੇ (ਭਾਵ, ਜਦੋਂ ਪ੍ਰਭੂ ਦੇ ਚਰਨਾਂ ਵਿਚ ਜੁੜੇ) ॥੧॥
33619	788	ਮਃ ੨॥		Ma 2 ||	Second Mehl:	

33620	788	ਤੁਰਦੇ ਕਉ ਤੁਰਦਾ ਮਿਲੈ ਉਡਤੇ ਕਉ ਉਡਤਾ॥		Thuradhae Ko Thuradhaa Milai Ouddathae Ko Ouddathaa ||	That which flows, mingles with that which flows; that which blows, mingles with that which blows.	(ਕੀੜੀ ਤੋਂ ਲੈ ਕੇ ਹਾਥੀ ਤੇ ਮਨੁੱਖ ਤਕ) ਤੁਰਨ ਵਾਲੇ ਨਾਲ ਤੁਰਨ ਵਾਲਾ ਸਾਥ ਕਰਦਾ ਹੈ ਤੇ ਉੱਡਣ ਵਾਲੇ (ਭਾਵ, ਪੰਛੀ) ਨਾਲ ਉੱਡਣ ਵਾਲਾ।
33621	788	ਜੀਵਤੇ ਕਉ ਜੀਵਤਾ ਮਿਲੈ ਮੂਏ ਕਉ ਮੂਆ॥		Jeevathae Ko Jeevathaa Milai Mooeae Ko Mooaa ||	The living mingle with the living, and the dead mingle with the dead.	ਜ਼ਿੰਦਾ-ਦਿਲ ਨੂੰ ਜ਼ਿੰਦਾ-ਦਿਲ ਮਨੁੱਖ ਆ ਮਿਲਦਾ ਹੈ ਤੇ ਮੁਰਦਾ-ਦਿਲ ਨੂੰ ਮੁਰਦਾ-ਦਿਲ, (ਭਾਵ, ਹਰੇਕ ਜੀਵ ਆਪੋ ਆਪਣੇ ਸੁਭਾਵ ਵਾਲੇ ਨਾਲ ਹੀ ਸੰਗ ਕਰਨਾ ਪਸੰਦ ਕਰਦਾ ਹੈ)।
33622	788	ਨਾਨਕ ਸੋ ਸਾਲਾਹੀਐ ਜਿਨਿ ਕਾਰਣੁ ਕੀਆ॥੨॥		Naanak So Saalaaheeai Jin Kaaran Keeaa ||2||	O Nanak, praise the One who created the creation. ||2||	ਹੇ ਨਾਨਕ! (ਜੀਵ ਭੀ ਰੱਬੀ ਅਸਲੇ ਵਾਲਾ ਹੈ, ਸੋ, ਇਸ ਨੂੰ) ਚਾਹੀਦਾ ਹੈ ਕਿ ਜਿਸ ਪ੍ਰਭੂ ਨੇ ਇਹ ਜਗਤ ਰਚਿਆ ਹੈ ਉਸ ਦੀ ਸਿਫ਼ਤਿ-ਸਾਲਾਹ ਕਰੇ (ਭਾਵ, ਉਸ ਨਾਲ ਮਨ ਜੋੜੇ) ॥੨॥
33623	788	ਪਉੜੀ॥		Pourree ||	Pauree:	
33624	788	ਸਚੁ ਧਿਆਇਨਿ ਸੇ ਸਚੇ ਗੁਰ ਸਬਦਿ ਵੀਚਾਰੀ॥		Sach Dhhiaaein Sae Sachae Gur Sabadh Veechaaree ||	Those who meditate on the True Lord are true; they contemplate the Word of the Guru's Shabad.	ਗੁਰੂ ਦੇ ਸਬਦ ਦੀ ਰਾਹੀਂ ਉੱਚੀ ਵਿਚਾਰ ਵਾਲੇ ਹੋ ਕੇ ਜੋ ਮਨੁੱਖ ਸਦਾ-ਥਿਰ ਪ੍ਰਭੂ ਨੂੰ ਸਿਮਰਦੇ ਹਨ ਉਹ ਭੀ ਉਸ ਦਾ ਰੂਪ ਹੋ ਜਾਂਦੇ ਹਨ।

33625	788	ਹਉਮੈ ਮਾਰਿ ਮਨੁ ਨਿਰਮਲਾ ਹਰਿ ਨਾਮੁ ਉਰਿ ਧਾਰੀ॥		Houmai Maar Man Niramalaa Har Naam Our Dhhaaree ||	They subdue their ego, purify their minds, and enshrine the Lord's Name within their hearts.	ਪ੍ਰਭੂ ਦਾ ਨਾਮ ਹਿਰਦੇ ਵਿਚ ਰੱਖ ਕੇ ਤੇ ਹਉਮੈ ਮਾਰ ਕੇ ਉਹਨਾਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ।
33626	788	ਕੋਠੇ ਮੰਡਪ ਮਾੜੀਆ ਲਗਿ ਪਏ ਗਾਵਾਰੀ॥		Kothae Manddap Maarreeaa Lag Peae Gaavaaree ||	The fools are attached to their homes, mansions and balconies.	ਪਰ ਮੂਰਖ ਮਨੁੱਖ ਘਰਾਂ ਮਹਲ ਮਾੜੀਆਂ (ਦੇ ਮੋਹ) ਵਿਚ ਲੱਗ ਪੈਂਦੇ ਹਨ।
33627	788	ਜਿਨਿ੍ ਕੀਏ ਤਿਸਹਿ ਨ ਜਾਣਨੀ ਮਨਮੁਖਿ ਗੁਬਾਰੀ॥		Jinih Keeeae Thisehi N Jaananee Manamukh Gubaaree ||	The self-willed manmukhs are caught in darkness; they do not know the One who created them.	ਮਨਮੁਖ (ਮੋਹ ਦੇ) ਘੁੱਪ ਹਨੇਰੇ ਵਿਚ ਫਸ ਕੇ ਉਸ ਨੂੰ ਪਛਾਣਦੇ ਹੀ ਨਹੀਂ ਜਿਸ ਨੇ ਪੈਦਾ ਕੀਤਾ ਹੈ।
33628	788	ਜਿਸੁ ਬੁਝਾਇਹਿ ਸੋ ਬੁਝਸੀ ਸਚਿਆ ਕਿਆ ਜੰਤ ਵਿਚਾਰੀ॥੮॥	ਬੁੱਝਾ–ਇਹਿ। ਬੁੱਝਸੀ	Jis Bujhaaeihi So Bujhasee Sachiaa Kiaa Janth Vichaaree ||8||	He alone understands, whom the True Lord causes to understand; what can the helpless creatures do? ||8||	ਹੇ ਸਦਾ-ਥਿਰ ਰਹਿਣ ਵਾਲੇ ਪ੍ਰਭੂ! ਜੀਵ ਵਿਚਾਰੇ ਕੀਹ ਹਨ? ਤੂੰ ਜਿਸ ਨੂੰ ਸਮਝ ਬਖ਼ਸ਼ਦਾ ਹੈਂ ਉਹੀ ਸਮਝਦਾ ਹੈ ॥੮॥
33629	788	ਸਲੋਕ ਮਃ ੩॥		Salok Ma 3 ||	Shalok, Third Mehl:	
33630	788	ਕਾਮਣਿ ਤਉ ਸੀਗਾਰੁ ਕਰਿ ਜਾ ਪਹਿਲਾਂ ਕੰਤੁ ਮਨਾਇ॥		Kaaman Tho Seegaar Kar Jaa Pehilaan Kanth Manaae ||	O bride, decorate yourself, after you surrender and accept your Husband Lord.	ਹੇ ਇਸਤ੍ਰੀ! ਤਦੋਂ ਸਿੰਗਾਰ ਬਣਾ ਜਦੋਂ ਪਹਿਲਾਂ ਖਸਮ ਨੂੰ ਪ੍ਰਸੰਨ ਕਰ ਲਏਂ,

33631	788	ਮਤੁ ਸੇਜੈ ਕੰਤੁ ਨ ਆਵਈ ਏਵੈ ਬਿਰਥਾ ਜਾਇ॥		Math Saejai Kanth N Aavee Eaevai Birathhaa Jaae ||	Otherwise, your Husband Lord will not come to your bed, and your ornaments will be useless.	(ਨਹੀਂ ਤਾਂ) ਮਤਾਂ ਖਸਮ ਸੇਜ ਤੇ ਆਵੇ ਹੀ ਨਾਹ ਤੇ ਸਿੰਗਾਰ ਐਵੇਂ ਵਿਅਰਥ ਹੀ ਚਲਾ ਜਾਏ।
33632	788	ਕਾਮਣਿ ਪਿਰ ਮਨੁ ਮਾਨਿਆ ਤਉ ਬਣਿਆ ਸੀਗਾਰੁ॥		Kaaman Pir Man Maaniaa Tho Baniaa Seegaar ||	O bride, your decorations will adorn you, only when your Husband Lord's Mind is pleased.	ਹੇ ਇਸਤ੍ਰੀ! ਜੇ ਖਸਮ ਦਾ ਮਨ ਮੰਨ ਜਾਏ ਤਾਂ ਹੀ ਸਿੰਗਾਰ ਬਣਿਆ ਸਮਝ।
33633	788	ਕੀਆ ਤਉ ਪਰਵਾਣੁ ਹੈ ਜਾ ਸਹੁ ਧਰੇ ਪਿਆਰੁ॥		Keeaa Tho Paravaan Hai Jaa Sahu Dharae Piaar ||	Your ornaments will be acceptable and approved, only when your Husband Lord loves you.	ਇਸਤ੍ਰੀ ਦਾ ਸਿੰਗਾਰ ਕੀਤਾ ਹੋਇਆ ਤਾਂ ਹੀ ਕਬੂਲ ਹੈ ਜੇ ਖਸਮ ਉਸ ਨੂੰ ਪਿਆਰ ਕਰੇ।
33634	788	ਭਉ ਸੀਗਾਰੁ ਤਬੋਲ ਰਸੁ ਭੋਜਨੁ ਭਾਉ ਕਰੇਇ॥		Bho Seegaar Thabol Ras Bhojan Bhaao Karaee ||	So make the Fear of God your ornaments, joy your betel nuts to chew, and love your food.	ਜੇ ਜੀਵ-ਇਸਤ੍ਰੀ ਪ੍ਰਭੂ ਦੇ ਡਰ (ਵਿਚ ਰਹਿਣ) ਨੂੰ ਸਿੰਗਾਰ ਤੇ ਪਾਨ ਦਾ ਰਸ ਬਣਾਂਦੀ ਹੈ, ਪ੍ਰਭੂ ਦੇ ਪਿਆਰ ਨੂੰ ਭੋਜਨ (ਭਾਵ, ਜ਼ਿੰਦਗੀ ਦਾ ਆਧਾਰ) ਬਣਾਂਦੀ ਹੈ,
33635	788	ਤਨੁ ਮਨੁ ਸਉਪੇ ਕੰਤ ਕਉ ਤਉ ਨਾਨਕ ਭੋਗੁ ਕਰੇਇ॥੧॥		Than Man Soupae Kanth Ko Tho Naanak Bhog Karaee ||1||	Surrender your body and mind to your Husband Lord, and then, O Nanak, He will enjoy you. ||1||	ਤੇ ਆਪਣਾ ਤਨ ਮਨ ਖਸਮ-ਪ੍ਰਭੂ ਦੇ ਹਵਾਲੇ ਕਰ ਦੇਂਦੀ ਹੈ (ਭਾਵ, ਪੂਰਨ ਤੌਰ ਤੇ ਪ੍ਰਭੂ ਦੀ ਰਜ਼ਾ ਵਿਚ ਤੁਰਦੀ ਹੈ) ਤਾਂ ਹੇ ਨਾਨਕ! ਉਸ ਨੂੰ ਖਸਮ-ਪ੍ਰਭੂ ਮਿਲਦਾ ਹੈ ॥੧॥

33636	788	ਮਃ ੩॥		Ma 3 ||	Third Mehl:	
33637	788	ਕਾਜਲ ਫੂਲ ਤੰਬੋਲ ਰਸੁ ਲੇ ਧਨ ਕੀਆ ਸੀਗਾਰੁ॥	ਕੱਾਜਲ	Kaajal Fool Thanbol Ras Lae Dhhan Keeaa Seegaar ||	The wife takes flowers, and fragrance of betel, and decorates herself.	ਇਸਤ੍ਰੀ ਨੇ ਸੁਰਮਾ, ਫੁੱਲ ਤੇ ਪਾਨਾਂ ਦਾ ਰਸ ਲੈ ਕੇ ਸਿੰਗਾਰ ਕੀਤਾ,
33638	788	ਸੇਜੈ ਕੰਤੁ ਨ ਆਇਓ ਏਵੈ ਭਇਆ ਵਿਕਾਰੁ॥੨॥		Saejai Kanth N Aaeiou Eaevai Bhaeiaa Vikaar ||2||	But her Husband Lord does not come to her bed, and so these efforts are useless. ||2||	(ਪਰ ਜੇ) ਖਸਮ ਸੇਜ ਤੇ ਨਾਹ ਆਇਆ ਤਾਂ ਇਹ ਸਿੰਗਾਰ ਸਗੋਂ ਵਿਕਾਰ ਬਣ ਗਿਆ (ਕਿਉਂਕਿ ਵਿਛੋੜੇ ਦੇ ਕਾਰਣ ਇਹ ਦੁਖਦਾਈ ਹੋ ਗਿਆ) ॥੨॥
33639	788	ਮਃ ੩॥		Ma 3 ||	Third Mehl:	
33640	788	ਧਨ ਪਿਰੁ ਏਹਿ ਨ ਆਖੀਅਨ੍ਹਿ ਬਹਨਿ ਇਕਠੇ ਹੋਇ॥		Dhhan Pir Eaehi N Aakheean Behan Eikathae Hoe ||	They are not said to be husband and wife, who merely sit together.	ਜੋ (ਸਿਰਫ਼ ਸਰੀਰਕ ਤੌਰ ਤੇ) ਰਲ ਕੇ ਬਹਿਣ ਉਹਨਾਂ ਨੂੰ ਅਸਲ ਇਸਤ੍ਰੀ ਖਸਮ ਨਹੀਂ ਆਖੀਦਾ;
33641	788	ਏਕ ਜੋਤਿ ਦੁਇ ਮੂਰਤੀ ਧਨ ਪਿਰੁ ਕਹੀਐ ਸੋਇ॥੩॥		Eaek Joth Dhue Moorathee Dhhan Pir Keheeai Soe ||3||	They alone are called husband and wife, who have one light in two bodies. ||3||	ਜਿਨ੍ਹਾਂ ਦੇ ਦੋਹਾਂ ਜਿਸਮਾਂ ਵਿਚ ਇੱਕੋ ਆਤਮਾ ਹੋ ਜਾਏ ਉਹ ਹੈ ਇਸਤ੍ਰੀ ਤੇ ਉਹ ਹੈ ਪਤੀ ॥੩॥
33642	788	ਪਉੜੀ॥		Pourree ||	Pauree:	

33643	788	ਭੈ ਬਿਨੁ ਭਗਤਿ ਨ ਹੋਵਈ ਨਾਮਿ ਨ ਲਗੈ ਪਿਆਰੁ॥		Bhai Bin Bhagath N Hovee Naam N Lagai Piaar ||	Without the Fear of God, there is no devotional worship, and no love for the Naam, the Name of the Lord.	ਪ੍ਰਭੂ ਦੇ ਡਰ (ਵਿਚ ਰਹਿਣ) ਤੋਂ ਬਿਨਾ ਉਸ ਦੀ ਭਗਤੀ ਨਹੀਂ ਹੋ ਸਕਦੀ ਤੇ ਉਸ ਦੇ ਨਾਮ ਵਿਚ ਪਿਆਰ ਨਹੀਂ ਬਣ ਸਕਦਾ (ਭਾਵ, ਉਸ ਦਾ ਨਾਮ ਪਿਆਰਾ ਨਹੀਂ ਲੱਗ ਸਕਦਾ)।
33644	788	ਸਤਿਗੁਰਿ ਮਿਲਿਐ ਭਉ ਊਪਜੈ ਭੈ ਭਾਇ ਰੰਗੁ ਸਵਾਰਿ॥		Sathigur Miliai Bho Oopajai Bhai Bhaae Rang Savaar ||	Meeting with the True Guru, the Fear of God wells up, and one is embellished with the Fear and the Love of God.	ਇਹ ਡਰ ਤਾਂ ਹੀ ਪੈਦਾ ਹੁੰਦਾ ਹੈ ਜੇ ਗੁਰੂ ਮਿਲੇ, (ਇਸ ਤਰ੍ਹਾਂ) ਡਰ ਦੀ ਰਾਹੀਂ ਤੇ ਪਿਆਰ ਦੀ ਰਾਹੀਂ (ਭਗਤੀ ਦਾ) ਰੰਗ ਸੋਹਣਾ ਚੜ੍ਹਦਾ ਹੈ।
33645	788	ਤਨੁ ਮਨੁ ਰਤਾ ਰੰਗ ਸਿਉ ਹਉਮੈ ਤ੍ਰਿਸਨਾ ਮਾਰਿ॥		Than Man Rathaa Rang Sio Houmai Thrisanaa Maar ||	When the body and mind are imbued with the Lord's Love, egotism and desire are conquered and subdued.	(ਪ੍ਰਭੂ ਦੇ ਡਰ ਤੇ ਪਿਆਰ ਦੀ ਸਹੈਤਾ ਨਾਲ) ਹਉਮੈ ਤੇ ਤ੍ਰਿਸ਼ਨਾ ਨੂੰ ਮਾਰ ਕੇ ਮਨੁੱਖ ਦਾ ਮਨ ਤੇ ਸਰੀਰ (ਪ੍ਰਭੂ ਦੀ ਭਗਤੀ ਦੇ) ਰੰਗ ਨਾਲ ਰੰਗੇ ਜਾਂਦੇ ਹਨ।
33646	788	ਮਨੁ ਤਨੁ ਨਿਰਮਲੁ ਅਤਿ ਸੋਹਣਾ ਭੇਟਿਆ ਕ੍ਰਿਸਨ ਮੁਰਾਰਿ॥		Man Than Niramal Ath Sohanaa Bhaettiaa Kirasan Muraar ||	The mind and body become immaculately pure and very beautiful, when one meets the Lord, the Destroyer of ego.	ਪ੍ਰਭੂ ਨੂੰ ਮਿਲਿਆਂ ਮਨ ਤੇ ਸਰੀਰ ਪਵਿਤ੍ਰ ਤੇ ਸੁੰਦਰ ਹੋ ਜਾਂਦੇ ਹਨ।

33647	788	ਭਉ ਭਾਉ ਸਭੁ ਤਿਸ ਦਾ ਸੋ ਸਚੁ ਵਰਤੈ ਸੰਸਾਰਿ॥੯॥		Bho Bhaao Sabh This Dhaa So Sach Varathai Sansaar ||9||	Fear and love all belong to Him; He is the True Lord, permeating and pervading the Universe. ||9||	ਇਹ ਡਰ ਤੇ ਪ੍ਰੇਮ ਸਭ ਕੁਝ ਜਿਸ ਪ੍ਰਭੂ ਦਾ (ਬਖ਼ਸ਼ਿਆ ਮਿਲਦਾ) ਹੈ ਉਹ ਆਪ ਜਗਤ ਵਿਚ (ਹਰ ਥਾਂ) ਮੌਜੂਦ ਹੈ ॥੯॥
33648	788	ਸਲੋਕ ਮਃ ੧॥		Salok Ma 1 ||	Shalok, First Mehl:	
33649	788	ਵਾਹੁ ਖਸਮ ਤੂ ਵਾਹੁ ਜਿਨਿ ਰਚਿ ਰਚਨਾ ਹਮ ਕੀਏ॥		Vaahu Khasam Thoo Vaahu Jin Rach Rachanaa Ham Keeeae ||	Waaho! Waaho! You are wonderful and great, O Lord and Master; You created the creation, and made us.	ਹੇ ਖਸਮ! ਤੂੰ ਧੰਨ ਹੈਂ! ਤੂੰ ਧੰਨ ਹੈਂ! ਜਿਸ ਜਗਤ-ਰਚਨਾ ਰਚ ਕੇ ਅਸਾਨੂੰ (ਜੀਵਾਂ ਨੂੰ) ਪੈਦਾ ਕੀਤਾ।
33650	788	ਸਾਗਰ ਲਹਰਿ ਸਮੁੰਦ ਸਰ ਵੇਲਿ ਵਰਸ ਵਰਾਹੁ॥		Saagar Lehar Samundh Sar Vael Varas Varaahu ||	You made the waters, waves, oceans, pools, plants, clouds and mountains.	ਸਮੁੰਦਰ, ਸਮੁੰਦਰ ਦੀਆਂ ਲਹਿਰਾਂ, ਤਲਾਬ, ਹਰੀਆਂ ਵੇਲਾਂ, ਵਰਖਾ ਕਰਨ ਵਾਲੇ ਬੱਦਲ- (ਇਹ ਸਾਰੀ ਰਚਨਾ ਕਰਨ ਵਾਲਾ ਤੂੰ ਹੀ ਹੈਂ)।
33651	788	ਆਪਿ ਖੜੋਵਹਿ ਆਪਿ ਕਰਿ ਆਪੀਣੈ ਆਪਾਹੁ॥	(ਖੜੋਵਹਿ)ਇਸਥਿੱਤ। (ਆਪਾਹੁ)ਨਿਰਲੇਪ। (ਆਪੀਣੈ)ਅਪਣੇ ਆਪ ਸਰੂਪ	Aap Kharrovehi Aap Kar Aapeenai Aapaahu ||	You Yourself stand in the midst of what You Yourself created.	ਤੂੰ ਆਪ ਹੀ ਸਭ ਨੂੰ ਪੈਦਾ ਕਰਕੇ ਸਭ ਵਿਚ ਆਪ ਵਿਆਪਕ ਹੈਂ ਤੇ (ਨਿਰਲੇਪ ਭੀ ਹੈਂ)।
33652	788	ਗੁਰਮੁਖਿ ਸੇਵਾ ਥਾਇ ਪਵੈ ਉਨਮਨਿ ਤਤੁ ਕਮਾਹੁ॥	(ਉਨਮਨਿ)ਵਿਆਪਕ ਬ੍ਰਹਮ। (ਤਤੁ)ਬ੍ਰਹਮਜੀ ਦਾ ਸਹੀ, ਸੱਚਾ, ਅਸਲੀ ਗਿਆਨ	Guramukh Saevaa Thhaae Pavai Ounaman Thath Kamaahu ||	The selfless service of the Gurmukhs is approved; in celestial peace, they live the essence of reality.	ਉਤਸ਼ਾਹ ਨਾਲ ਤੇਰੇ ਨਾਮ ਦੀ ਕਮਾਈ ਕਰ ਕੇ ਗੁਰਮੁਖਾਂ ਦੀ ਮਿਹਨਤ (ਤੇਰੇ ਦਰ ਤੇ) ਕਬੂਲ ਪੈਂਦੀ ਹੈ।

33653	788	ਮਸਕਤਿ ਲਹਹੁ ਮਜੂਰੀਆ ਮੰਗਿ ਮੰਗਿ ਖਸਮ ਦਰਾਹੁ॥	(ਦਰਾਹੁ)ਦਰੋਂ। ਮ-ਸੱਕਤਿ	Masakath Lehahu Majooreeaa Mang Mang Khasam Dharaahu ||	They receive the wages of their labor, begging at the Door of their Lord and Master.	ਉਹ ਬੰਦਗੀ ਦੀ ਘਾਲ ਘਾਲ ਕੇ, ਹੇ ਖਸਮ! ਤੇਰੇ ਦਰ ਤੋਂ ਮੰਗ ਮੰਗ ਕੇ ਮਜ਼ੂਰੀ ਲੈਂਦੇ ਹਨ।
33654	788	ਨਾਨਕ ਪੁਰ ਦਰ ਵੇਪਰਵਾਹ ਤਉ ਦਰਿ ਊਣਾ ਨਾਹਿ ਕੋ ਸਚਾ ਵੇਪਰਵਾਹੁ॥੧॥		Naanak Pur Dhar Vaeparavaah Tho Dhar Oonaa Naahi Ko Sachaa Vaeparavaahu ||1||	O Nanak, the Court of the Lord is overflowing and carefree; O my True Carefree Lord, no one returns empty-handed from Your Court. ||1||	ਹੇ ਨਾਨਕ! (ਆਖ-) ਹੇ ਵੇਪਰਵਾਹ ਪ੍ਰਭੂ! ਤੇਰੇ ਦਰ (ਬਰਕਤਾਂ ਨਾਲ) ਭਰੇ ਹੋਏ ਹਨ, ਕੋਈ ਜੀਵ ਤੇਰੇ ਦਰ ਤੇ (ਆ ਕੇ) ਖ਼ਾਲੀ ਨਹੀਂ ਗਿਆ, ਤੂੰ ਸਦਾ ਕਾਇਮ ਰਹਿਣ ਵਾਲਾ ਤੇ ਬੇ-ਮੁਥਾਜ ਹੈਂ ॥੧॥
33655	788	ਮਹਲਾ ੧॥		Mehalaa 1 ||	First Mehl:	
33656	788	ਉਜਲ ਮੋਤੀ ਸੋਹਣੇ ਰਤਨਾ ਨਾਲਿ ਜੁੜੰਨਿ॥	ਜੁ-ੜੰਨਿ	Oujal Mothee Sohanae Rathanaa Naal Jurrann ||	The teeth are like brilliant, beautiful pearls, and the eyes are like sparkling jewels.	ਜੋ ਸਰੀਰ ਸੋਹਣੇ ਚਿੱਟੇ ਦੰਦਾਂ ਨਾਲ ਤੇ ਸੋਹਣੇ ਨੈਣਾਂ ਨਾਲ ਸੋਭ ਰਹੇ ਹਨ,
33657	788	ਤਿਨ ਜਰੁ ਵੈਰੀ ਨਾਨਕਾ ਜਿ ਬੁਢੇ ਥੀਇ ਮਰੰਨਿ॥੨॥	ਮ-ਰੰਨਿ	Thin Jar Vairee Naanakaa J Budtae Thheee Marann ||2||	Old age is their enemy, O Nanak; when they grow old, they waste away. ||2||	ਹੇ ਨਾਨਕ! ਬੁਢੇਪਾ ਇਹਨਾਂ ਦਾ ਵੈਰੀ ਹੈ, ਕਿਉਂਕਿ ਬੁੱਢੇ ਹੋ ਕੇ ਇਹ ਨਾਸ ਹੋ ਜਾਂਦੇ ਹਨ ॥੨॥
33658	789	ਪਉੜੀ॥		Pourree ||	Pauree:	

33659	789	ਹਰਿ ਸਾਲਾਹੀ ਸਦਾ ਸਦਾ ਤਨੁ ਮਨੁ ਸਉਪਿ ਸਰੀਰੁ॥		Har Saalaahee Sadhaa Sadhaa Than Man Soup Sareer ||	Praise the Lord, forever and ever; dedicate your body and mind to Him.	(ਹੇ ਜੀਵ!) ਤਨ ਮਨ ਸਰੀਰ (ਆਪਣਾ ਆਪ) ਪ੍ਰਭੂ ਦੇ ਹਵਾਲੇ ਕਰ ਕੇ (ਭਾਵ, ਪ੍ਰਭੂ ਦੀ ਪੂਰਨ ਰਜ਼ਾ ਵਿਚ ਰਹਿ ਕੇ) ਸਦਾ ਉਸ ਦੀ ਸਿਫ਼ਤਿ-ਸਾਲਾਹ ਕਰ।
33660	789	ਗੁਰ ਸਬਦੀ ਸਚੁ ਪਾਇਆ ਸਚਾ ਗਹਿਰ ਗੰਭੀਰੁ॥		Gur Sabadhee Sach Paaeiaa Sachaa Gehir Ganbheer ||	Through the Word of the Guru's Shabad, I have found the True, Profound and Unfathomable Lord.	(ਜਿਸ ਮਨੁੱਖ ਨੇ) ਗੁਰ-ਸ਼ਬਦ ਦੀ ਰਾਹੀਂ (ਸਿਮਰਿਆ ਹੈ, ਉਸ ਨੂੰ) ਸਦਾ-ਥਿਰ ਰਹਿਣ ਵਾਲਾ, ਡੂੰਘੇ ਵੱਡੇ ਦਿਲ ਵਾਲਾ ਪ੍ਰਭੂ ਮਿਲ ਪੈਂਦਾ ਹੈ।
33661	789	ਮਨਿ ਤਨਿ ਹਿਰਦੈ ਰਵਿ ਰਹਿਆ ਹਰਿ ਹੀਰਾ ਹੀਰੁ॥		Man Than Hiradhai Rav Rehiaa Har Heeraa Heer ||	The Lord, the jewel of jewels, is permeating my mind, body and heart.	ਉਸ ਦੇ ਮਨ ਵਿਚ ਤਨ ਵਿਚ ਹੀਰਿਆਂ ਦਾ ਹੀਰਾ ਪ੍ਰਭੂ ਸਦਾ ਵੱਸਦਾ ਹੈ।
33662	789	ਜਨਮ ਮਰਣ ਕਾ ਦੁਖੁ ਗਇਆ ਫਿਰਿ ਪਵੈ ਨ ਫੀਰੁ॥		Janam Maran Kaa Dhukh Gaeiaa Fir Pavai N Feer ||	The pains of birth and death are gone, and I shall never again be consigned to the cycle of reincarnation.	ਉਸ ਦਾ ਜਨਮ ਮਰਨ ਦਾ ਦੁੱਖ ਮਿਟ ਜਾਂਦਾ ਹੈ, ਉਸ ਨੂੰ ਫਿਰ (ਇਸ ਗੇੜ ਵਿਚ) ਚੱਕਰ ਨਹੀਂ ਲਾਣਾ ਪੈਂਦਾ।
33663	789	ਨਾਨਕ ਨਾਮੁ ਸਲਾਹਿ ਤੂ ਹਰਿ ਗੁਣੀ ਗਹੀਰੁ॥੧੦॥		Naanak Naam Salaahi Thoo Har Gunee Geheer ||10||	O Nanak, praise the Naam, the Name of the Lord, the ocean of excellence. ||10||	(ਸੋ) ਹੇ ਨਾਨਕ! ਤੂੰ ਭੀ ਉਸ ਪ੍ਰਭੂ ਦਾ ਨਾਮ ਸਿਮਰ ਜੋ ਗੁਣਾਂ ਦਾ ਮਾਲਕ ਹੈ ਤੇ ਵੱਡੇ ਦਿਲ ਵਾਲਾ ਹੈ ॥੧੦॥
33664	789	ਸਲੋਕ ਮਃ ੧॥		Salok Ma 1 ||	Shalok, First Mehl:	

33665	789	ਨਾਨਕ ਇਹੁ ਤਨੁ ਜਾਲਿ ਜਿਨਿ ਜਲਿਐ ਨਾਮੁ ਵਿਸਾਰਿਆ॥		Naanak Eihu Than Jaal Jin Jaliai Naam Visaariaa ||	O Nanak, burn this body; this burnt body has forgotten the Naam, the Name of the Lord.	ਹੇ ਨਾਨਕ! (ਤ੍ਰਿਸ਼ਨਾ-ਅੱਗ ਵਿਚ) ਸੜੇ ਹੋਏ ਇਸ ਸਰੀਰ ਨੇ ਪ੍ਰਭੂ ਦਾ 'ਨਾਮ' ਵਿਸਾਰ ਦਿੱਤਾ ਹੈ, ਸੋ, ਸਰੀਰ ਦੇ ਮੋਹ ਨੂੰ ਮੁਕਾ ਦੇਹ।
33666	789	ਪਉਦੀ ਜਾਇ ਪਰਾਲਿ ਪਿਛੈ ਹਥੁ ਨ ਅੰਬੜੈ ਤਿਤੁ ਨਿਵੰਧੈ ਤਾਲਿ॥੧॥	(ਪਰਾਲਿ)ਪਾਣੀ ਵਾਲੀ ਗੱਬ। (ਨਿਵੰਧੈ)ਨੀਵੇਂ	Poudhee Jaae Paraal Pishhai Hathh N Anbarrai Thith Nivandhhai Thaal ||1||	The dirt is piling up, and in the world hereafter, your hand shall not be able to reach down into this stagnant pond to clean it out. ||1||	(ਤ੍ਰਿਸ਼ਨਾ ਦੇ ਕਾਰਣ) ਗਿਰਾਵਟ ਵਿਚ ਆਏ ਇਸ ਹਿਰਦੇ-ਤਲਾਬ ਵਿਚ (ਪਾਪਾਂ ਦੀ) ਪਰਾਲੀ ਇਕੱਠੀ ਹੋ ਰਹੀ ਹੈ (ਇਸ ਨੂੰ ਕੱਢਣ ਲਈ) ਫਿਰ ਪੇਸ਼ ਨਹੀਂ ਜਾਇਗੀ ॥੧॥
33667	789	ਮਃ ੧॥		Ma 1 ||	First Mehl:	
33668	789	ਨਾਨਕ ਮਨ ਕੇ ਕੰਮ ਫਿਟਿਆ ਗਣਤ ਨ ਆਵਹੀ॥	ਫਿੱਟਿਆ ਫਿਟਕਾਰ ਯੋਗ	Naanak Man Kae Kanm Fittiaa Ganath N Aavehee ||	O Nanak, wicked are the uncountable actions of the mind.	ਹੇ ਨਾਨਕ! ਮੇਰੇ ਮਨ ਦੇ ਤਾਂ ਇਤਨੇ ਮੰਦੇ ਕੰਮ ਹਨ ਕਿ ਗਿਣੇ ਨਹੀਂ ਜਾ ਸਕਦੇ।
33669	789	ਕਿਤੀ ਲਹਾ ਸਹੰਮ ਜਾ ਬਖਸੇ ਤਾ ਧਕਾ ਨਹੀ॥੨॥	ਸਹੰਮ ਦੁੱਖ। ਧੱਕਾ	Kithee Lehaa Sehanm Jaa Bakhasae Thaa Dhhakaa Nehee ||2||	They bring terrible and painful retributions, but if the Lord forgives me, then I will be spared this punishment. ||2||	(ਇਹਨਾਂ ਦੇ ਕਾਰਣ) ਮੈਨੂੰ ਸਹਿਮ ਭੀ ਬੜੇ ਸਹਾਰਨੇ ਪੈ ਰਹੇ ਹਨ, ਜਦੋਂ ਪ੍ਰਭੂ ਆਪ ਬਖ਼ਸ਼ਦਾ ਹੈ ਤਾਂ (ਉਸ ਦੀ ਹਜ਼ੂਰੀ ਵਿਚੋਂ) ਧੱਕਾ ਨਹੀਂ ਮਿਲਦਾ ॥੨॥
33670	789	ਪਉੜੀ॥		Pourree ||	Pauree:	

33671	789	ਸਚਾ ਅਮਰੁ ਚਲਾਇਓਨੁ ਕਰਿ ਸਚੁ ਫੁਰਮਾਣੁ॥		Sachaa Amar Chalaaeioun Kar Sach Furamaan ||	True is the Command He sends forth, and True are the Orders He issues.	ਨਾਮ ਸਿਮਰਨ ਦਾ ਨੇਮ ਬਣਾ ਕੇ ਪ੍ਰਭੂ ਨੇ ਇਹ ਅਟੱਲ ਹੁਕਮ ਚਲਾ ਦਿੱਤਾ ਹੈ।
33672	789	ਸਦਾ ਨਿਹਚਲੁ ਰਵਿ ਰਹਿਆ ਸੋ ਪੁਰਖੁ ਸੁਜਾਣੁ॥		Sadhaa Nihachal Rav Rehiaa So Purakh Sujaan ||	Forever unmoving and unchanging, permeating and pervading everywhere, He is the All-knowing Primal Lord.	ਉਹ ਪ੍ਰਭੂ ਸਭ ਜੀਵਾਂ ਵਿਚ ਵਿਆਪਕ ਹੈ (ਹਰੇਕ ਦੀ ਭਲਾਈ ਨੂੰ) ਚੰਗੀ ਤਰ੍ਹਾਂ ਜਾਣਨ ਵਾਲਾ ਹੈ, ਸਦਾ ਕਾਇਮ ਰਹਿਣ ਵਾਲਾ ਹੈ ਤੇ ਹਰ ਥਾਂ ਮੌਜੂਦ ਹੈ।
33673	789	ਗੁਰ ਪਰਸਾਦੀ ਸੇਵੀਐ ਸਚੁ ਸਬਦਿ ਨੀਸਾਣੁ॥		Gur Parasaadhee Saeveeai Sach Sabadh Neesaan ||	By Guru's Grace, serve Him, through the True Insignia of the Shabad.	ਗੁਰੂ ਦੇ ਸਬਦ ਦੀ ਰਾਹੀਂ ਪ੍ਰਭ-ਸਿਮਰਨ-ਰੂਪ ਜੀਵਨ-ਆਦਰਸ਼ ਮਿਲਦਾ ਹੈ, ਸੋ, ਗੁਰੂ ਦੀ ਮਿਹਰ ਪ੍ਰਾਪਤ ਕਰ ਕੇ ਸਿਮਰਨ ਕਰੀਏ।
33674	789	ਪੂਰਾ ਥਾਟੁ ਬਣਾਇਆ ਰੰਗੁ ਗੁਰਮਤਿ ਮਾਣੁ॥		Pooraa Thhaatt Banaaeiaa Rang Guramath Maan ||	That which He makes is perfect; through the Guru's Teachings, enjoy His Love.	ਪ੍ਰਭੂ ਨੇ ਸਿਮਰਨ ਦੀ ਬਣਤਰ ਐਸੀ ਬਣਾਈ ਹੈ ਜੋ ਮੁਕੰਮਲ ਹੈ (ਜਿਸ ਵਿਚ ਕੋਈ ਊਣਤਾ ਨਹੀਂ); (ਹੇ ਜੀਵ!) ਗੁਰੂ ਦੀ ਸਿੱਖਿਆ ਤੇ ਤੁਰ ਕੇ ਸਿਮਰਨ ਦਾ ਰੰਗ ਮਾਣ।
33675	789	ਅਗਮ ਅਗੋਚਰੁ ਅਲਖੁ ਹੈ ਗੁਰਮੁਖਿ ਹਰਿ ਜਾਣੁ॥੧੧॥	ਅ-ਲਖੁ:ਪੋਲਾ ਬੋਲੋ	Agam Agochar Alakh Hai Guramukh Har Jaan ||11||	He is inaccessible, unfathomable and unseen; as Gurmukh, know the Lord. ||11||	ਪ੍ਰਭੂ ਹੈ ਤਾਂ ਅਪਹੁੰਚ, ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਤੇ ਅਦ੍ਰਿਸ਼ਟ; ਪਰ ਗੁਰੂ ਦੇ ਸਨਮੁਖ ਹੋਇਆਂ ਉਸ ਦੀ ਸੂਝ ਪੈ ਜਾਂਦੀ ਹੈ ॥੧੧॥

33676	789	ਸਲੋਕ ਮਃ ੧॥		Salok Ma 1 ||	Shalok, First Mehl:	
33677	789	ਨਾਨਕ ਬਦਰਾ ਮਾਲ ਕਾ ਭੀਤਰਿ ਧਰਿਆ ਆਣਿ॥	(ਮਾਲ)ਧਨ ਹੀਰਿਆਂ ਦਾ। (ਬਦਰਾ)ਥੈੱਲਾ	Naanak Badharaa Maal Kaa Bheethar Dhhariaa Aan ||	O Nanak, the bags of coins are brought in	ਹੇ ਨਾਨਕ! (ਕਿਸੇ ਮਾਲਕ ਦਾ ਨੌਕਰ) ਰੁਪਇਆਂ ਦੀ ਥੈਲੀ (ਕਮਾ ਕੇ) ਅੰਦਰ ਲਿਆ ਰੱਖਦਾ ਹੈ। (ਇਹ ਜੀਵ-ਵਣਜਾਰਾ ਸ਼ਾਹ-ਪ੍ਰਭੂ ਦਾ ਭੇਜਿਆ ਹੋਇਆ ਏਥੇ ਵਣਜ ਕਰ ਕੇ ਚੰਗੇ ਮੰਦੇ ਕੰਮਾਂ ਦੇ ਸੰਸਕਾਰ ਇਕੱਠੇ ਕਰਦਾ ਰਹਿੰਦਾ ਹੈ)
33678	789	ਖੋਟੇ ਖਰੇ ਪਰਖੀਅਨਿ ਸਾਹਿਬ ਕੈ ਦੀਬਾਣਿ॥੧॥		Khottae Kharae Parakheean Saahib Kai Dheebaan ||1||	And placed in the Court of our Lord and Master, and there, the genuine and the counterfeit are separated. ||1||	ਮਾਲਕ ਦੇ ਸਾਹਮਣੇ ਖੋਟੇ ਤੇ ਖਰੇ ਰੁਪਏ ਪਰਖੇ ਜਾਂਦੇ ਹਨ। (ਮਾਲਕ-ਪ੍ਰਭੂ ਦੀ ਹਜ਼ੂਰੀ ਵਿਚ ਨਿਤਾਰਾ ਹੋ ਜਾਂਦਾ ਹੈ ਕਿ ਏਥੇ ਖੋਟ ਹੀ ਕਮਾ ਰਿਹਾ ਹੈ ਜਾਂ ਭਲਾਈ ਭੀ) ॥੧॥
33679	789	ਮਃ੧॥		Ma 1 ||	First Mehl:	
33680	789	ਨਾਵਣ ਚਲੇ ਤੀਰਥੀ ਮਨਿ ਖੋਟੈ ਤਨਿ ਚੋਰ॥		Naavan Chalae Theerathhee Man Khottai Than Chor ||	They go and bathe at sacred shrines of pilgrimage, but their minds are still evil, and their bodies are thieves.	ਜੇ ਖੋਟੇ ਮਨ ਨਾਲ ਤੀਰਥਾਂ ਤੇ ਨ੍ਹਾਉਣ ਤੁਰ ਪਏ ਤੇ ਸਰੀਰ ਵਿਚ ਕਾਮਾਦਿਕ ਚੋਰ ਭੀ ਟਿਕੇ ਰਹੇ,
33681	789	ਇਕੁ ਭਾਉ ਲਥੀ ਨਾਤਿਆ ਦੁਇ ਭਾ ਚੜੀਅਸੁ ਹੋਰ॥	ਨ੍ਹਾਤਿਆਂ	Eik Bhaao Lathhee Naathiaa Dhue Bhaa Charreeas Hor ||	Some of their filth is washed off by these baths, but they only accumulate twice as much.	ਤਾਂ ਨ੍ਹਾਉਣ ਨਾਲ ਇਕ ਹਿੱਸਾ (ਭਾਵ, ਸਰੀਰ ਦੀ ਬਾਹਰਲੀ) ਮੈਲ ਤਾਂ ਲਹਿ ਗਈ ਪਰ (ਮਨ ਵਿਚ ਅਹੰਕਾਰ ਆਦਿਕ ਦੀ) ਦੁਣੀ ਮੈਲ ਹੋਰ ਚੜ੍ਹ ਗਈ।

33682	789	ਬਾਹਰਿ ਧੋਤੀ ਤੂਮੜੀ ਅੰਦਰਿ ਵਿਸੁ ਨਿਕੋਰ॥	(ਨਿਕੋਰ) ਨਿਰੀ ਜਹਿਰ ਨਿਕਲਦੀ ਹੈ। ਵਿਸੁ:ਪੋਲਾ ਬੋਲੋ	Baahar Dhhothee Thoomarree Andhar Vis Nikor ||	Like a gourd, they may be washed off on the outside, but on the inside, they are still filled with poison.	(ਤੁੰਮੀ ਵਾਲਾ ਹਾਲ ਹੀ ਹੋਇਆ) ਤੁੰਮੀ ਬਾਹਰੋਂ ਤਾਂ ਧੋਤੀ ਗਈ, ਪਰ ਉਸ ਦੇ ਅੰਦਰ ਨਿਰੋਲ ਵਿਸੁ (ਭਾਵ, ਕੌੜੱਤਣ) ਟਿਕੀ ਰਹੀ।
33683	789	ਸਾਧ ਭਲੇ ਅਣਨਾਤਿਆ ਚੋਰ ਸਿ ਚੋਰਾ ਚੋਰ॥੨॥	ਅਣ-ਨ੍ਹਾਤਿਆਂ	Saadhh Bhalae Ananaathiaa Chor S Choraa Chor ||2||	The holy man is blessed, even without such bathing, while a thief is a thief, no matter how much he bathes. ||2||	ਭਲੇ ਮਨੁੱਖ (ਤੀਰਥਾਂ ਤੇ) ਨ੍ਹਾਉਣ ਤੋਂ ਬਿਨਾ ਹੀ ਭਲੇ ਹਨ, ਤੇ ਚੋਰ (ਤੀਰਥਾਂ ਤੇ ਨ੍ਹਾ ਕੇ ਭੀ) ਚੋਰ ਹੀ ਹਨ ॥੨॥
33684	789	ਪਉੜੀ॥		Pourree ||	Pauree:	
33685	789	ਆਪੇ ਹੁਕਮੁ ਚਲਾਇਦਾ ਜਗੁ ਧੰਧੈ ਲਾਇਆ॥		Aapae Hukam Chalaaeidhaa Jag Dhhandhhai Laaeiaa ||	He Himself issues His Commands, and links the people of the world to their tasks.	ਪ੍ਰਭੂ ਆਪ ਹੀ ਆਪਣਾ ਹੁਕਮ ਵਰਤਾ ਰਿਹਾ ਹੈ ਤੇ ਜਗਤ ਨੂੰ ਉਸ ਨੇ ਆਪ ਹੀ ਮਾਇਕ ਧੰਧੇ ਵਿਚ ਲਾ ਰੱਖਿਆ ਹੈ।
33686	789	ਇਕਿ ਆਪੇ ਹੀ ਆਪਿ ਲਾਇਅਨੁ ਗੁਰ ਤੇ ਸੁਖੁ ਪਾਇਆ॥		Eik Aapae Hee Aap Laaeian Gur Thae Sukh Paaeiaa ||	He Himself joins some to Himself, and through the Guru, they find peace.	ਜਿਨ੍ਹਾਂ ਨੂੰ ਉਸ ਨੇ ਆਪ ਹੀ (ਨਾਮ ਵਿਚ) ਜੋੜ ਰੱਖਿਆ ਹੈ ਉਹਨਾਂ ਨੇ ਗੁਰੂ ਦੀ ਸਰਨ ਪੈ ਕੇ ਸੁਖ ਹਾਸਲ ਕੀਤਾ ਹੈ।

33687	789	ਦਹ ਦਿਸ ਇਹੁ ਮਨੁ ਧਾਵਦਾ ਗੁਰਿ ਠਾਕਿ ਰਹਾਇਆ॥		Dheh Dhis Eihu Man Dhhaavadhaa Gur Thaak Rehaaeiaa ||	The mind runs around in the ten directions; the Guru holds it still.	ਮਨੁੱਖ ਦਾ ਇਹ ਮਨ ਦਸੀਂ ਪਾਸੀਂ ਦੌੜਦਾ ਹੈ, (ਸਰਨ ਆਏ ਮਨੁੱਖ ਦਾ ਮਨ) ਗੁਰੂ ਨੇ (ਹੀ) ਰੋਕ ਕੇ ਰੱਖਿਆ ਹੈ।
33688	789	ਨਾਵੈ ਨੋ ਸਭ ਲੋਚਦੀ ਗੁਰਮਤੀ ਪਾਇਆ॥		Naavai No Sabh Lochadhee Guramathee Paaeiaa ||	Everyone longs for the Name, but it is only found through the Guru's Teachings.	ਸਾਰੀ ਲੋਕਾਈ ਪ੍ਰਭੂ ਦੇ ਨਾਮ ਦੀ ਤਾਂਘ ਕਰਦੀ ਹੈ, ਪਰ ਮਿਲਦਾ ਗੁਰੂ ਦੀ ਮਤਿ ਲਿਆਂ ਹੀ ਹੈ।
33689	789	ਧੁਰਿ ਲਿਖਿਆ ਮੇਟਿ ਨ ਸਕੀਐ ਜੋ ਹਰਿ ਲਿਖਿ ਪਾਇਆ॥੧੨॥		Dhhur Likhiaa Maett N Sakeeai Jo Har Likh Paaeiaa ||12||	Your pre-ordained destiny, written by the Lord in the very beginning, cannot be erased. ||12||	(ਗੁਰੂ ਦਾ ਮਿਲਣਾ ਭੀ ਭਾਗਾਂ ਦੀ ਗੱਲ ਹੈ, ਤੇ) ਜੋ ਲੇਖ ਪ੍ਰਭੂ ਨੇ ਮੁੱਢ ਤੋਂ ਬੰਦੇ ਦੇ ਮੱਥੇ ਲਿਖ ਦਿੱਤਾ ਹੈ ਉਹ ਮਿਟਾਇਆ ਨਹੀਂ ਜਾ ਸਕਦਾ ॥੧੨॥
33690	789	ਸਲੋਕ ਮਃ ੧॥		Salok Ma 1 ||	Shalok, First Mehl:	
33691	789	ਦੁਇ ਦੀਵੇ ਚਉਦਹ ਹਟਨਾਲੇ॥		Dhue Dheevae Choudheh Hattanaalae ||	The two lamps light the fourteen markets.	ਜਗਤ-ਰੂਪ ਸ਼ਹਰ ਵਿਚ ਚੰਦ ਤੇ ਸੂਰਜ, ਮਾਨੋ, ਦੋ ਲੈਂਪ ਜਗ ਰਹੇ ਹਨ, ਤੇ ਚੌਦਾਂ ਲੋਕ (ਇਹ ਜਗਤ-ਸ਼ਹਰ ਦੇ, ਮਾਨੋ) ਬਜ਼ਾਰ ਹਨ।
33692	789	ਜੇਤੇ ਜੀਅ ਤੇਤੇ ਵਣਜਾਰੇ॥		Jaethae Jeea Thaethae Vanajaarae ||	There are just as many traders as there are living beings.	ਸਾਰੇ ਜੀਵ (ਇਸ ਸ਼ਹਰ ਦੇ) ਵਪਾਰੀ ਹਨ।
33693	789	ਖੁਲ੍ਹੇ ਹਟ ਹੋਆ ਵਾਪਾਰੁ॥		Khulhae Hatt Hoaa Vaapaar ||	The shops are open, and trading is going on;	ਜਦੋਂ ਹੱਟ ਖੁਲ੍ਹ ਪਏ (ਜਗਤ-ਰਚਨਾ ਹੋਈ), ਵਪਾਰ ਹੋਣ ਲੱਗ ਪਿਆ।

33694	789	ਜੋ ਪਹੁਚੈ ਸੋ ਚਲਣਹਾਰੁ॥		Jo Pahuchai So Chalanehaar ||	Whoever comes there, is bound to depart.	ਜੋ ਜੋ ਵਪਾਰੀ ਏਥੇ ਆਉਂਦਾ ਹੈ ਉਹ ਮੁਸਾਫ਼ਿਰ ਹੀ ਹੁੰਦਾ ਹੈ।
33695	789	ਧਰਮੁ ਦਲਾਲੁ ਪਾਏ ਨੀਸਾਣੁ॥		Dhharam Dhalaal Paaeae Neesaan ||	The Righteous Judge of Dharma is the broker, who gives his sign of approval.	(ਹਰੇਕ ਜੀਵ-ਵਪਾਰੀ ਦੀ ਕਰਣੀ-ਰੂਪ ਸਉਦੇ ਤੇ) ਧਰਮ-ਰੂਪ ਦਲਾਲ ਨਿਸ਼ਾਨ ਲਾਈ ਜਾਂਦਾ ਹੈ (ਕਿ ਇਸ ਦਾ ਸਉਦਾ ਖਰਾ ਹੈ ਜਾਂ ਖੋਟਾ),
33696	789	ਨਾਨਕ ਨਾਮੁ ਲਾਹਾ ਪਰਵਾਣੁ॥		Naanak Naam Laahaa Paravaan ||	O Nanak, those who earn the profit of the Naam are accepted and approved.	ਹੇ ਨਾਨਕ! (ਸ਼ਾਹ-ਪ੍ਰਭੂ ਦੇ ਹੱਟ ਤੇ) 'ਨਾਮ' ਨਫ਼ਾ ਹੀ ਕਬੂਲ ਹੁੰਦਾ ਹੈ।
33697	789	ਘਰਿ ਆਏ ਵਜੀ ਵਾਧਾਈ॥		Ghar Aaeae Vajee Vaadhhaaee ||	And when they return home, they are greeted with cheers;	ਜੋ (ਇਹ ਨਫ਼ਾ ਖੱਟ ਕੇ) ਹਜ਼ੂਰੀ ਵਿਚ ਅੱਪੜਦਾ ਹੈ ਉਸ ਨੂੰ ਲਾਲੀ ਚੜ੍ਹਦੀ ਹੈ,
33698	789	ਸਚ ਨਾਮ ਕੀ ਮਿਲੀ ਵਡਿਆਈ॥੧॥		Sach Naam Kee Milee Vaddiaaee ||1||	They obtain the glorious greatness of the True Name. ||1||	ਤੇ ਸੱਚੇ ਨਾਮ ਦੀ (ਪ੍ਰਾਪਤੀ ਦੀ) ਉਸ ਨੂੰ ਵਡਿਆਈ ਮਿਲਦੀ ਹੈ ॥੧॥
33699	789	ਮਃ ੧॥		Ma 1 ||	First Mehl:	
33700	789	ਰਾਤੀ ਹੋਵਨਿ ਕਾਲੀਆ ਸੁਪੇਦਾ ਸੇ ਵੰਨ॥	(ਸੁਪੇਦਾ)ਚਿੱਟੇ। ਸੇਉਹ। (ਵੰਨ)ਰੰਗ ਚਿੱਟੇ ਹੀ ਰਹਿੰਦੇ ਹਨ	Raathee Hovan Kaaleeaa Supaedhaa Sae Vann ||	Even when the night is dark, whatever is white retains its white color.	ਰਾਤਾਂ ਕਾਲੀਆਂ ਹੁੰਦੀਆਂ ਹਨ (ਪਰ) ਚਿੱਟੀਆਂ ਚੀਜ਼ਾਂ ਦੇ ਉਹੀ ਚਿੱਟੇ ਰੰਗ ਹੀ ਰਹਿੰਦੇ ਹਨ (ਰਾਤ ਦੀ ਕਾਲਖ ਦਾ ਅਸਰ ਉਹਨਾਂ ਤੇ ਨਹੀਂ ਪੈਂਦਾ)।

33701	789	ਦਿਹੁ ਬਗਾ ਤਪੈ ਘਣਾ ਕਾਲਿਆ ਕਾਲੇ ਵੰਨ॥	ਬੱਗਾ	Dhihu Bagaa Thapai Ghanaa Kaaliaa Kaalae Vann ||	And even when the light of day is dazzlingly bright, whatever is black retains its black color.	ਦਿਨ ਚਿੱਟਾ ਹੁੰਦਾ ਹੈ, ਚੰਗਾ ਤਕੜਾ ਚਮਕਦਾ ਹੈ, ਪਰ ਕਾਲੇ ਪਦਾਰਥਾਂ ਦੇ ਰੰਗ ਕਾਲੇ ਹੀ ਰਹਿੰਦੇ ਹਨ (ਦਿਨ ਦੀ ਰੌਸ਼ਨੀ ਦਾ ਅਸਰ ਇਹਨਾਂ ਕਾਲੀਆਂ ਚੀਜ਼ਾਂ ਤੇ ਨਹੀਂ ਪੈਂਦਾ)।
33702	789	ਅੰਧੇ ਅਕਲੀ ਬਾਹਰੇ ਮੂਰਖ ਅੰਧ ਗਿਆਨੁ॥	ਅਕਲੀਂ	Andhhae Akalee Baaharae Moorakh Andhh Giaan ||	The blind fools have no wisdom at all; their understanding is blind.	(ਏਸੇ ਤਰ੍ਹਾਂ) ਜੋ ਮਨੁੱਖ ਅੰਨ੍ਹੇ ਮੂਰਖ ਅਕਲ-ਹੀਣ ਹਨ ਉਹਨਾਂ ਦੀ ਅੰਨ੍ਹੀ ਹੀ ਮਤਿ ਰਹਿੰਦੀ ਹੈ;
33703	789	ਨਾਨਕ ਨਦਰੀ ਬਾਹਰੇ ਕਬਹਿ ਨ ਪਾਵਹਿ ਮਾਨੁ॥੨॥		Naanak Nadharee Baaharae Kabehi N Paavehi Maan ||2||	O Nanak, without the Lord's Grace, they will never receive honor. ||2||	ਹੇ ਨਾਨਕ! ਜਿਨ੍ਹਾਂ ਉਤੇ ਪ੍ਰਭੂ ਦੀ ਮਿਹਰ ਦੀ ਨਜ਼ਰ ਨਹੀਂ ਹੋਈ ਉਹਨਾਂ ਨੂੰ ਕਦੇ ('ਨਾਮ' ਦੀ ਪ੍ਰਾਪਤੀ ਦਾ) ਮਾਣ ਨਹੀਂ ਮਿਲਦਾ ॥੨॥
33704	789	ਪਉੜੀ॥		Pourree ||	Pauree:	
33705	789	ਕਾਇਆ ਕੋਟੁ ਰਚਾਇਆ ਹਰਿ ਸਚੈ ਆਪੇ॥		Kaaeiaa Kott Rachaaeiaa Har Sachai Aapae ||	The True Lord Himself created the body-fortress.	ਇਹ ਮਨੁੱਖਾ-ਸਰੀਰ (ਮਾਨੋ,) ਕਿਲ੍ਹਾ ਹੈ ਜੋ ਸੱਚੇ ਪ੍ਰਭੂ ਨੇ ਆਪ ਬਣਾਇਆ ਹੈ,
33706	789	ਇਕਿ ਦੂਜੈ ਭਾਇ ਖੁਆਇਅਨੁ ਹਉਮੈ ਵਿਚਿ ਵਿਆਪੇ॥		Eik Dhoojai Bhaae Khuaaeian Houmai Vich Viaapae ||	Some are ruined through the love of duality, engrossed in egotism.	(ਪਰ ਇਸ ਕਿਲ੍ਹੇ ਵਿਚ ਰਹਿੰਦੇ ਹੋਏ ਭੀ) ਕਈ ਜੀਵ ਮਾਇਆ ਦੇ ਮੋਹ ਵਿਚ ਪਾ ਕੇ ਉਸ ਨੇ ਆਪ ਹੀ ਕੁਰਾਹੇ ਪਾ ਦਿੱਤੇ ਹਨ, ਉਹ (ਵਿਚਾਰੇ) ਹਉਮੈ ਵਿਚ ਫਸੇ ਪਏ ਹਨ।

33707	789	ਇਹੁ ਮਾਨਸ ਜਨਮੁ ਦੁਲੰਭੁ ਸਾ ਮਨਮੁਖ ਸੰਤਾਪੇ॥	ਦੁ-ਲੰਭੁ	Eihu Maanas Janam Dhulanbh Saa Manamukh Santhaapae ||	This human body is so difficult to obtain; the self-willed manmukhs suffer in pain.	ਇਹ ਮਨੁੱਖਾ ਸਰੀਰ ਬੜੀ ਮੁਸ਼ਕਲ ਨਾਲ ਲੱਭਾ ਸੀ, ਪਰ ਮਨ ਦੇ ਪਿੱਛੇ ਤੁਰ ਕੇ ਜੀਵ ਦੁਖੀ ਹੋ ਰਹੇ ਹਨ।
33708	789	ਜਿਸੁ ਆਪਿ ਬੁਝਾਏ ਸੋ ਬੁਝਸੀ ਜਿਸੁ ਸਤਿਗੁਰੁ ਥਾਪੇ॥	ਬੁੱਝਾਏ। ਬੁੱਝਸੀ	Jis Aap Bujhaaeae So Bujhasee Jis Sathigur Thhaapae ||	He alone understands, whom the Lord Himself causes to understand; he is blessed by the True Guru.	(ਇਹ ਸਰੀਰ ਪ੍ਰਾਪਤ ਕਰ ਕੇ ਕੀਹ ਕਰਨਾ ਸੀ) ਇਹ ਸਮਝ ਉਸ ਨੂੰ ਆਉਂਦੀ ਹੈ ਜਿਸ ਨੂੰ ਪ੍ਰਭੂ ਆਪ ਸਮਝ ਬਖ਼ਸ਼ੇ ਤੇ ਸਤਿਗੁਰੂ ਥਾਪਣਾ ਦੇਵੇ।
33709	789	ਸਭੁ ਜਗੁ ਖੇਲੁ ਰਚਾਇਓਨੁ ਸਭ ਵਰਤੈ ਆਪੇ॥੧੩॥		Sabh Jag Khael Rachaaeioun Sabh Varathai Aapae ||13||	He created the entire world for His play; He is pervading amongst all. ||13||	(ਪਰ ਕਿਸੇ ਨੂੰ ਨਿੰਦਿਆ ਭੀ ਨਹੀਂ ਜਾ ਸਕਦਾ) ਇਹ ਸਾਰਾ ਜਗਤ ਉਸ ਪ੍ਰਭੂ ਨੇ ਇਕ ਖੇਡ ਬਣਾਈ ਹੈ ਤੇ ਇਸ ਵਿਚ ਹਰ ਥਾਂ ਆਪ ਹੀ ਮੌਜੂਦ ਹੈ ॥੧੩॥
33710	790	ਸਲੋਕ ਮਃ ੧॥		Salok Ma 1 ||	Shalok, First Mehl:	
33711	790	ਚੋਰਾ ਜਾਰਾ ਰੰਡੀਆ ਕੁਟਣੀਆ ਦੀਬਾਣੁ॥	(ਰੰਡੀਆ)ਵੇਸਵਾ। (ਕੁਟਣੀਆ)ਫਫੇਕੁੱਟਣੀਆਂ। ਕੁਟਣੀਆ :ਪੋਲਾ ਬੋਲੋ। (ਦੀਬਾਣੁ)ਕਚਹਿਰੀਆਂ ਕਰਨਗੀਆਂ	Choraa Jaaraa Randdeeaa Kuttaneeaa Dheebaan ||	Thieves, adulterers, prostitutes and pimps,	ਚੋਰਾਂ, ਲੁੱਚੇ ਬੰਦਿਆਂ, ਵਿਭਚਾਰਨ ਔਰਤਾਂ ਤੇ ਦੱਲੀਆਂ ਦਾ ਆਪੋ ਵਿਚ ਬਹਿਣ ਖਲੋਣ ਹੁੰਦਾ ਹੈ,
33712	790	ਵੇਦੀਨਾ ਕੀ ਦੋਸਤੀ ਵੇਦੀਨਾ ਕਾ ਖਾਣੁ॥	(ਵੇਦੀਨਾ)-ਬੇਧਰਮਿਆਂ	Vaedheenaa Kee Dhosathee Vaedheenaa Kaa Khaan ||	Make friendships with the unrighteous, and eat with the unrighteous.	ਇਹਨਾਂ ਧਰਮ ਤੋਂ ਵਾਂਜਿਆਂ ਦੀ ਆਪੋ ਵਿਚ ਮਿਤ੍ਰਤਾ ਤੇ ਆਪੋ ਵਿਚ ਖਾਣ ਪੀਣ ਹੁੰਦਾ ਹੈ।

33713	790	ਸਿਫਤੀ ਸਾਰ ਨ ਜਾਣਨੀ ਸਦਾ ਵਸੈ ਸੈਤਾਨੁ॥		Sifathee Saar N Jaananee Sadhaa Vasai Saithaan ||	They do not know the value of the Lord's Praises, and Satan is always with them.	ਰੱਬ ਦੀ ਸਿਫ਼ਤਿ-ਸਾਲਾਹ ਕਰਨ ਦੀ ਇਹਨਾਂ ਨੂੰ ਸੂਝ ਨਹੀਂ ਹੁੰਦੀ, (ਇਹਨਾਂ ਦੇ ਮਨ ਵਿਚ, ਮਾਨੋ) ਸਦਾ ਸ਼ੈਤਾਨ ਵੱਸਦਾ ਹੈ।
33714	790	ਗਦਹੁ ਚੰਦਨਿ ਖਉਲੀਐ ਭੀ ਸਾਹੂ ਸਿਉ ਪਾਣੁ॥	ਗਦਹੁ:ਪੋਲਾ ਬੋਲੋ। (ਖਉਲੀਐ)ਘਸਾ ਕੇ ਲਾਈਏ।। ਖਉਲੀਐ:ਕਸਕੇ	Gadhahu Chandhan Khouleeai Bhee Saahoo Sio Paan ||	If a donkey is anointed with sandalwood paste, he still loves to roll in the dirt.	(ਸਮਝਾਇਆਂ ਭੀ ਸਮਝਦੇ ਨਹੀਂ, ਜਿਵੇਂ) ਖੋਤੇ ਨੂੰ ਜੇ ਚੰਦਨ ਨਾਲ ਮਲੀਏ ਤਾਂ ਭੀ ਉਸ ਦੀ ਵਰਤੋਂ ਵਿਹਾਰ ਸੁਆਹ ਨਾਲ ਹੀ ਹੁੰਦੀ ਹੈ (ਪਿਛਲੇ ਕੀਤੇ ਕਰਮਾਂ ਦਾ ਗੇੜ ਇਸ ਮੰਦੇ ਰਾਹ ਤੋਂ ਹਟਣ ਨਹੀਂ ਦੇਂਦਾ)।
33715	790	ਨਾਨਕ ਕੂੜੈ ਕਤਿਐ ਕੂੜਾ ਤਣੀਐ ਤਾਣੁ॥	ਕੱਤਿਐ	Naanak Koorrai Kathiai Koorraa Thaneeai Thaan ||	O Nanak, by spinning falsehood, a fabric of falsehood is woven.	ਹੇ ਨਾਨਕ! "ਕੂੜ" (ਦਾ ਸੂਤਰ) ਕੱਤਣ ਨਾਲ "ਕੂੜ" ਦਾ ਹੀ ਤਾਣਾ ਚਾਹੀਦਾ ਹੈ,
33716	790	ਕੂੜਾ ਕਪੜੁ ਕਛੀਐ ਕੂੜਾ ਪੈਨਣੁ ਮਾਣੁ॥੧॥	ਕੱਛੀਐ	Koorraa Kaparr Kashheeai Koorraa Painan Maan ||1||	False is the cloth and its measurement, and false is pride in such a garment. ||1||	ਕੂੜ ਦਾ ਹੀ ਕੱਪੜਾ ਕੱਛੀਦਾ ਹੈ ਤੇ ਪਹਿਨੀਦਾ ਹੈ (ਇਸ "ਕੂੜ"-ਰੂਪ ਪੁਸ਼ਾਕ ਦੇ ਕਾਰਨ "ਕੂੜ" ਹੀ ਵਡਿਆਈ ਮਿਲਦੀ ਹੈ (ਭਾਵ, "ਖਤਿਅਹੁ ਜੰਮੇ ਖਤੇ ਕਰਨਿ ਤ ਖਤਿਆ ਵਿਚਿ ਪਾਹਿ") ॥੧॥
33717	790	ਮਃ ੧॥		Ma 1 ||	First Mehl:	

33718	790	ਬਾਂਗਾ ਬੁਰਗੂ ਸਿੰਙੀਆ ਨਾਲੇ ਮਿਲੀ ਕਲਾਣ॥	(ਬਾਂਗਾਂ)ਵਾਲੇ ਮੁੱਲਾਂ। ਬੁਰਗੂਨਾਦ। (ਸਿੰਙੀਆ)ਵਜੌਣ ਵਾਲੇ ਜੋਗੀ। (ਕਲਾਣ)ਕਲਿਆਣ ਗਾਉਣ ਵਾਲੇ ਮਰਾਸੀ	Baangaa Buragoo Sinn(g)eeaa Naalae Milee Kalaan ||	The callers to prayer, the flute-players, the horn-blowers, and also the singers	(ਮੁੱਲਾਂ) ਬਾਂਗ ਦੇ ਕੇ, (ਫ਼ਕੀਰ) ਤੂਤੀ ਵਜਾ ਕੇ, (ਜੋਗੀ) ਸਿੰਙੀ ਵਜਾ ਕੇ, (ਮਿਰਾਸੀ) ਕਲਾਣ ਕਰ ਕੇ (ਲੋਕਾਂ ਦੇ ਦਰ ਤੋਂ ਮੰਗਦੇ ਹਨ);
33719	790	ਇਕਿ ਦਾਤੇ ਇਕਿ ਮੰਗਤੇ ਨਾਮੁ ਤੇਰਾ ਪਰਵਾਣੁ॥		Eik Dhaathae Eik Mangathae Naam Thaeraa Paravaan ||	- some are givers, and some are beggars; they become acceptable only through Your Name, Lord.	(ਸੰਸਾਰ ਵਿਚ ਇਸ ਤਰ੍ਹਾਂ ਦੇ) ਕਈ ਮੰਗਤੇ ਤੇ ਕਈ ਦਾਤੇ ਹਨ, ਪਰ ਮੈਨੂੰ ਤੇਰਾ ਨਾਮ ਹੀ ਚਾਹੀਦਾ ਹੈ।
33720	790	ਨਾਨਕ ਜਿਨ੍ਹੀ ਸੁਣਿ ਕੈ ਮੰਨਿਆ ਹਉ ਤਿਨਾ ਵਿਟਹੁ ਕੁਰਬਾਣੁ॥੨॥		Naanak Jinhee Sun Kai Manniaa Ho Thinaa Vittahu Kurabaan ||2||	O Nanak, I am a sacrifice to those who hear and accept the Name. ||2||	ਹੇ ਨਾਨਕ! ਜਿਨ੍ਹਾਂ ਬੰਦਿਆਂ ਨੇ ਪ੍ਰਭੂ ਦਾ ਨਾਮ ਸੁਣ ਕੇ ਉਸ ਵਿਚ ਮਨ ਨੂੰ ਜੋੜ ਲਿਆ ਹੈ, ਮੈਂ ਉਹਨਾਂ ਤੋਂ ਸਦਕੇ ਹਾਂ ॥੨॥
33721	790	ਪਉੜੀ॥		Pourree ||	Pauree:	
33722	790	ਮਾਇਆ ਮੋਹੁ ਸਭੁ ਕੂੜੁ ਹੈ ਕੂੜੋ ਹੋਇ ਗਇਆ॥		Maaeiaa Mohu Sabh Koorr Hai Koorro Hoe Gaeiaa ||	Attachment to Maya is totally false, and false are those who go that way.	ਮਾਇਆ ਦਾ ਮੋਹ ਨਿਰੋਲ ਇਕ ਛਲ ਹੈ, (ਆਖ਼ਰ) ਛਲ ਹੀ (ਸਾਬਤ) ਹੁੰਦਾ ਹੈ,
33723	790	ਹਉਮੈ ਝਗੜਾ ਪਾਇਓਨੁ ਝਗੜੈ ਜਗੁ ਮੁਇਆ॥		Houmai Jhagarraa Paaeioun Jhagarrai Jag Mueiaa ||	Through egotism, the world is caught in conflict and strife, and it dies.	ਪਰ ਪ੍ਰਭੂ ਨੇ (ਮਾਇਆ ਦੇ ਮੋਹ ਵਿਚ ਜੀਵ ਫਸਾ ਕੇ) 'ਹਉਮੈ' ਦਾ ਗੇੜ ਪੈਦਾ ਕਰ ਦਿੱਤਾ ਹੈ ਇਸ ਗੇੜ ਵਿਚ (ਪੈ ਕੇ) ਜਗਤ ਦੁਖੀ ਹੋ ਰਿਹਾ ਹੈ।

33724	790	ਗੁਰਮੁਖਿ ਝਗੜੁ ਚੁਕਾਇਓਨੁ ਇਕੋ ਰਵਿ ਰਹਿਆ॥		Guramukh Jhagarr Chukaaeioun Eiko Rav Rehiaa ||	The Gurmukh is free of conflict and strife, and sees the One Lord, pervading everywhere.	ਜੋ ਮਨੁੱਖ ਗੁਰੂ ਦੇ ਸਨਮੁਖ ਹੈ ਉਸ ਦਾ ਇਹ ਝੰਬੇਲਾ ਪ੍ਰਭੂ ਨੇ ਆਪ ਮੁਕਾ ਦਿੱਤਾ ਹੈ, ਉਸ ਨੂੰ ਇਕ ਪ੍ਰਭੂ ਹੀ ਵਿਆਪਕ ਦਿੱਸਦਾ ਹੈ।
33725	790	ਸਭੁ ਆਤਮ ਰਾਮੁ ਪਛਾਣਿਆ ਭਉਜਲੁ ਤਰਿ ਗਇਆ॥		Sabh Aatham Raam Pashhaaniaa Bhoujal Thar Gaeiaa ||	Recognizing that the Supreme Soul is everywhere, he crosses over the terrifying world-ocean.	ਗੁਰਮੁਖ ਹਰ ਥਾਂ ਪਰਮਾਤਮਾ ਨੂੰ ਹੀ ਪਛਾਣਦਾ ਹੈ ਤੇ ਇਸ ਤਰ੍ਹਾਂ ਇਸ ਸੰਸਾਰ ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।
33726	790	ਜੋਤਿ ਸਮਾਣੀ ਜੋਤਿ ਵਿਚਿ ਹਰਿ ਨਾਮਿ ਸਮਇਆ॥੧੪॥	ਸ-ਮਇਆ	Joth Samaanee Joth Vich Har Naam Samaeiaa ||14||	His light merges into the Light, and he is absorbed into the Lord's Name. ||14||	ਉਸ ਦੀ ਆਤਮਾ ਪਰਮਾਤਮਾ ਵਿਚ ਲੀਨ ਹੁੰਦੀ ਰਹਿੰਦੀ ਹੈ ਉਹ ਪ੍ਰਭੂ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ ॥੧੪॥
33727	790	ਮਃ ੧॥		Salok Ma 1 ||	Shalok: First Mehl:	
33728	790	ਸਤਿਗੁਰ ਭੀਖਿਆ ਦੇਹਿ ਮੈ ਤੂੰ ਸੰਮ੍ਰਥੁ ਦਾਤਾਰੁ॥	ਸੰਮ੍ਰੱਥੁ	Sathigur Bheekhiaa Dhaehi Mai Thoon Sanmrathh Dhaathaar ||	O True Guru, bless me with Your charity; You are the All-powerful Giver.	ਹੇ ਗੁਰੂ! ਤੂੰ ਬਖ਼ਸ਼ਸ਼ ਕਰਨ ਜੋਗਾ ਹੈਂ, ਮੈਨੂੰ ਖ਼ੈਰ ਪਾ ('ਨਾਮ' ਦਾ),
33729	790	ਹਉਮੈ ਗਰਬੁ ਨਿਵਾਰੀਐ ਕਾਮੁ ਕ੍ਰੋਧੁ ਅਹੰਕਾਰੁ॥		Houmai Garab Nivaareeai Kaam Krodhh Ahankaar ||	May I subdue and quiet my egotism, pride, sexual desire, anger and self-conceit.	(ਤਾਂ ਜੋ) ਮੇਰੀ ਹਉਮੈ ਮੇਰਾ ਅਹੰਕਾਰ ਕਾਮ ਤੇ ਕ੍ਰੋਧ ਦੂਰ ਹੋ ਜਾਏ।

33730	790	ਲਬੁ ਲੋਭੁ ਪਰਜਾਲੀਐ ਨਾਮੁ ਮਿਲੈ ਆਧਾਰੁ॥	ਪਰ-ਜਾਲੀਐ	Lab Lobh Parajaaleeai Naam Milai Aadhhaar ||	Burn away all my greed, and give me the Support of the Naam, the Name of the Lord.	(ਹੇ ਗੁਰੂ! ਤੇਰੇ ਦਰ ਤੋਂ ਮੈਨੂੰ) ਪ੍ਰਭੂ ਦਾ ਨਾਮ (ਜ਼ਿੰਦਗੀ ਲਈ) ਸਹਾਰਾ ਮਿਲ ਜਾਏ ਤੇ ਮੇਰਾ ਚਸਕਾ ਤੇ ਲੋਭ ਚੰਗੀ ਤਰ੍ਹਾਂ ਸੜ ਜਾਏ।
33731	790	ਅਹਿ ਨਿਸਿ ਨਵਤਨ ਨਿਰਮਲਾ ਮੈਲਾ ਕਬਹੂੰ ਨ ਹੋਇ॥		Ahinis Navathan Niramalaa Mailaa Kabehoon N Hoe ||	Day and night, keep me ever-fresh and new, spotless and pure; let me never be soiled by sin.	ਪ੍ਰਭੂ ਦਾ ਨਾਮ ਦਿਨ ਰਾਤ ਨਵੇਂ ਤੋਂ ਨਵਾਂ ਹੁੰਦਾ ਹੈ (ਭਾਵ, ਜਿਉਂ ਜਿਉਂ ਜਪੀਏ, ਇਸ ਨਾਲ ਪਿਆਰ ਵਧਦਾ ਹੈ) 'ਨਾਮ' ਪਵਿਤ੍ਰ ਹੈ, ਇਹ ਕਦੇ ਮੈਲਾ ਨਹੀਂ ਹੁੰਦਾ।
33732	790	ਨਾਨਕ ਇਹ ਬਿਧਿ ਛੁਟੀਐ ਨਦਰਿ ਤੇਰੀ ਸੁਖੁ ਹੋਇ॥੧॥		Naanak Eih Bidhh Shhutteeai Nadhar Thaeree Sukh Hoe ||1||	O Nanak, in this way I am saved; by Your Grace, I have found peace. ||1||	(ਤਾਹੀਏਂ) ਹੇ ਨਾਨਕ! 'ਨਾਮ' ਜਪਿਆਂ (ਹਉਮੈ ਦੇ) ਗੇੜ ਤੋਂ ਬਚੀਦਾ ਹੈ। ਹੇ ਪ੍ਰਭੂ! ਇਹ ਸੁਖ ਤੇਰੀ ਮਿਹਰ ਦੀ ਨਜ਼ਰ ਨਾਲ ਮਿਲਦਾ ਹੈ ॥੧॥
33733	790	ਮਃ ੧॥		Ma 1 ||	First Mehl:	
33734	790	ਇਕੋ ਕੰਤੁ ਸਬਾਈਆ ਜਿਤੀ ਦਰਿ ਖੜੀਆਹ॥	ਜਿਤੀ:ਪੋਲਾ ਬੋਲੋ। ਖੜੀ-ਆਹ	Eiko Kanth Sabaaeeaa Jithee Dhar Kharreeaah ||	There is only the one Husband Lord, for all who stand at His Door.	ਜਿਤਨੀਆਂ ਭੀ ਜੀਵ-ਇਸਤ੍ਰੀਆਂ ਖਸਮ-ਪ੍ਰਭੂ ਦੇ ਬੂਹੇ ਤੇ ਖਲੋਤੀਆਂ ਹੋਈਆਂ ਹਨ। ਉਹਨਾਂ ਸਭਨਾਂ ਦਾ ਇੱਕ ਪ੍ਰਭੂ ਹੀ ਰਾਖਾ ਹੈ।
33735	790	ਨਾਨਕ ਕੰਤੈ ਰਤੀਆ ਪੁਛਹਿ ਬਾਤੜੀਆਹ॥੨॥	ਰੱਤੀਆਂ। ਬਾਤੜੀ-ਆਹ	Naanak Kanthai Ratheeaa Pushhehi Baatharreeaah ||2||	O Nanak, they ask for news of their Husband Lord, from those who are imbued with His Love. ||2||	ਹੇ ਨਾਨਕ! ਖਸਮ-ਪ੍ਰਭੂ ਦੇ ਪਿਆਰ ਰੰਗ ਵਿਚ ਰੰਗੀਆਂ ਹੋਈਆਂ ਪ੍ਰਭੂ ਦੀਆਂ ਹੀ ਮੋਹਣੀਆਂ ਗੱਲਾਂ (ਇਕ ਦੂਜੀ ਪਾਸੋਂ) ਪੁੱਛਦੀਆਂ ਹਨ ॥੨॥

33736	790	ਮਃ ੧॥		Ma 1 ||	First Mehl:	
33737	790	ਸਭੇ ਕੰਤੈ ਰਤੀਆ ਮੈ ਦੋਹਾਗਣਿ ਕਿਤੁ॥	ਕਿੱਤੁ	Sabhae Kanthai Ratheeaa Mai Dhohaagan Kith ||	All are imbued with love for their Husband Lord; I am a discarded bride - what good am I?	ਸਾਰੀਆਂ ਜੀਵ-ਇਸਤ੍ਰੀਆਂ ਖਸਮ-ਪ੍ਰਭੂ ਦੇ ਪਿਆਰ ਵਿਚ ਰੰਗੀਆਂ ਹੋਈਆਂ ਹਨ, (ਉਹਨਾਂ ਸੋਹਾਗਣਾਂ ਦੇ ਸਾਮ੍ਹਣੇ) ਮੈਂ ਮੰਦੇ ਭਾਗਾਂ ਵਾਲੀ ਕਿਸ ਗਿਣਤੀ ਵਿਚ ਹਾਂ?
33738	790	ਮੈ ਤਨਿ ਅਵਗਣ ਏਤੜੇ ਖਸਮੁ ਨ ਫੇਰੇ ਚਿਤੁ॥੩॥		Mai Than Avagan Eaetharrae Khasam N Faerae Chith ||3||	My body is filled with so many faults; my Lord and Master does not even turn His thoughts to me. ||3||	ਮੇਰੇ ਸਰੀਰ ਵਿਚ ਇਤਨੇ ਔਗੁਣ ਹਨ ਕਿ ਖਸਮ ਮੇਰੇ ਵਲ ਧਿਆਨ ਭੀ ਨਹੀਂ ਕਰਦਾ ॥੩॥
33739	790	ਮਃ ੧॥		Ma 1 ||	First Mehl:	
33740	790	ਹਉ ਬਲਿਹਾਰੀ ਤਿਨ੍ਹ ਕਉ ਸਿਫਤਿ ਜਿਨਾ ਦੈ ਵਾਤਿ॥	ਵਾਤਿ:ਮੁਖ ਚ	Ho Balihaaree Thin Ko Sifath Jinaa Dhai Vaath ||	I am a sacrifice to those who praise the Lord with their mouths.	ਮੈਂ ਸਦਕੇ ਹਾਂ ਉਹਨਾਂ ਤੋਂ ਜਿਨ੍ਹਾਂ ਦੇ ਮੂੰਹ ਵਿਚ ਪ੍ਰਭੂ ਦੀ ਸਿਫ਼ਤਿ-ਸਾਲਾਹ ਹੈ।
33741	790	ਸਭਿ ਰਾਤੀ ਸੋਹਾਗਣੀ ਇਕ ਮੈ ਦੋਹਾਗਣਿ ਰਾਤਿ॥੪॥		Sabh Raathee Sohaaganee Eik Mai Dhohaagan Raath ||4||	All the nights are for the happy soul-brides; I am a discarded bride - if only I could have even one night with Him! ||4||	(ਹੇ ਪ੍ਰਭੂ!) ਤੂੰ ਸਾਰੀਆਂ ਰਾਤਾਂ ਸੁਹਾਗਣਾਂ ਨੂੰ ਦੇ ਰਿਹਾ ਹੈਂ, ਇਕ ਰਾਤ ਮੈਨੂੰ ਛੁੱਟੜ ਨੂੰ ਭੀ ਦੇਹ ॥੪॥
33742	790	ਪਉੜੀ॥		Pourree ||	Pauree:	

33743	790	ਦਰਿ ਮੰਗਤੁ ਜਾਚੈ ਦਾਨੁ ਹਰਿ ਦੀਜੈ ਕ੍ਰਿਪਾ ਕਰਿ॥		Dhar Mangath Jaachai Dhaan Har Dheejai Kirapaa Kar ||	I am a beggar at Your Door, begging for charity; O Lord, please grant me Your Mercy, and give to me.	ਹੇ ਪ੍ਰਭੂ! ਮੈਂ ਮੰਗਤਾ ਤੇਰੇ ਬੂਹੇ ਤੇ (ਆ ਕੇ) ਖ਼ੈਰ ਮੰਗਦਾ ਹਾਂ, ਮਿਹਰ ਕਰ ਕੇ ਮੈਨੂੰ ਖ਼ੈਰ ਪਾ।
33744	790	ਗੁਰਮੁਖਿ ਲੇਹੁ ਮਿਲਾਇ ਜਨੁ ਪਾਵੈ ਨਾਮੁ ਹਰਿ॥		Guramukh Laehu Milaae Jan Paavai Naam Har ||	As Gurmukh, unite me, your humble servant, with You, that I may receive Your Name.	ਮੈਨੂੰ ਗੁਰੂ ਦੇ ਸਨਮੁਖ ਕਰ ਕੇ (ਆਪਣੇ ਚਰਨਾਂ ਵਿਚ) ਜੋੜ ਲੈ, ਮੈਂ ਤੇਰਾ ਸੇਵਕ ਤੇਰਾ ਨਾਮ ਪ੍ਰਾਪਤ ਕਰ ਲਵਾਂ,
33745	790	ਅਨਹਦ ਸਬਦੁ ਵਜਾਇ ਜੋਤੀ ਜੋਤਿ ਧਰਿ॥		Anehadh Sabadh Vajaae Jothee Joth Dhhar ||	Then, the unstruck melody of the Shabad will vibrate and resound, and my light will blend with the Light.	ਤੇਰੀ ਜੋਤਿ ਵਿਚ ਆਪਣੀ ਆਤਮਾ ਟਿਕਾ ਕੇ ਮੈਂ ਤੇਰੀ ਸਿਫ਼ਤਿ-ਸਾਲਾਹ ਦਾ ਇਕ-ਰਸ ਗੀਤ ਗਾਵਾਂ,
33746	790	ਹਿਰਦੈ ਹਰਿ ਗੁਣ ਗਾਇ ਜੈ ਜੈ ਸਬਦੁ ਹਰਿ॥		Hiradhai Har Gun Gaae Jai Jai Sabadh Har ||	Within my heart,I sing the Glorious Praises of the Lord,and celebrate the Word of the Lord's Shabad.	ਤੇਰੀ ਜੈ ਜੈਕਾਰ ਦੀ ਬਾਣੀ ਤੇ ਗੁਣ ਮੈਂ ਹਿਰਦੇ ਵਿਚ ਗਾਵਾਂ,
33747	790	ਜਗ ਮਹਿ ਵਰਤੈ ਆਪਿ ਹਰਿ ਸੇਤੀ ਪ੍ਰੀਤਿ ਕਰਿ॥੧੫॥		Jag Mehi Varathai Aap Har Saethee Preeth Kar ||15||	The Lord Himself is pervading and permeating the world; so fall in love with Him! ||15||	ਮੈਂ ਤੇਰੇ ਨਾਲ ਪਿਆਰ ਕਰਾਂ (ਤੇ ਇਸ ਤਰ੍ਹਾਂ ਮੈਨੂੰ ਯਕੀਨ ਬਣੇ ਕਿ) ਜਗਤ ਵਿਚ ਪ੍ਰਭੂ ਆਪ ਹਰ ਥਾਂ ਮੌਜੂਦ ਹੈ ॥੧੫॥
33748	790	ਸਲੋਕ ਮਃ ੧॥		Salok Ma 1 ||	Shalok, First Mehl:	

33749	790	ਜਿਨੀ ਨ ਪਾਇਓ ਪ੍ਰੇਮ ਰਸੁ ਕੰਤ ਨ ਪਾਇਓ ਸਾਉ॥		Jinee N Paaeiou Praem Ras Kanth N Paaeiou Saao ||	Those who do not obtain the sublime essence, the love and delight of their Husband Lord,	ਜਿਨ੍ਹਾਂ ਜੀਵ-ਇਸਤ੍ਰੀਆਂ ਨੇ ਪ੍ਰਭੂ ਦੇ ਪਿਆਰ ਦਾ ਆਨੰਦ ਨਾਹ ਮਾਣਿਆ, ਜਿਨ੍ਹਾਂ ਨੇ ਖਸਮ-ਪ੍ਰਭੂ ਦੇ ਮਿਲਾਪ ਦਾ ਸੁਆਦ ਨਾਹ ਚੱਖਿਆ,
33750	790	ਸੁੰਞੇ ਘਰ ਕਾ ਪਾਹੁਣਾ ਜਿਉ ਆਇਆ ਤਿਉ ਜਾਉ॥੧॥		Sunnjae Ghar Kaa Paahunaa Jio Aaeiaa Thio Jaao ||1||	Are like guests in a deserted house; they leave just as they have come, empty-handed. ||1||	(ਉਹ ਇਸ ਮਨੁੱਖਾ ਸਰੀਰ ਵਿਚ ਆ ਕੇ ਇਉਂ ਹੀ ਖ਼ਾਲੀ ਗਈਆਂ) ਜਿਵੇਂ ਕਿਸੇ ਸੁੰਞੇ ਘਰ ਵਿਚ ਆਇਆ ਪਰਾਹੁਣਾ ਜਿਵੇਂ ਆਉਂਦਾ ਹੈ ਤਿਵੇਂ ਤੁਰ ਜਾਂਦਾ ਹੈ (ਓਦੋਂ ਉਸ ਨੂੰ ਖਾਣ ਪੀਣ ਨੂੰ ਕੁਝ ਭੀ ਹਾਸਲ ਨਹੀਂ ਹੁੰਦਾ) ॥੧॥
33751	790	ਮਃ ੧॥		Ma 1 ||	First Mehl:	
33752	790	ਸਉ ਓਲਾਮ੍ਹੇ ਦਿਨੈ ਕੇ ਰਾਤੀ ਮਿਲਨ੍ਹਿ ਸਹੰਸ॥	ਸ–ਹੰਸ	So Oulaamhae Dhinai Kae Raathee Milanih Sehans ||	He receives hundreds and thousands of reprimands, day and night;	(ਇਸ ਜੀਵ ਨੂੰ) ਦਿਨ ਦੇ ਵੇਲੇ (ਕੀਤੇ ਮੰਦ ਕਰਮਾਂ ਦੇ) ਸੌ ਉਲਾਮੇ ਮਿਲਦੇ ਹਨ ਤੇ ਰਾਤ ਵੇਲੇ (ਕੀਤਿਆਂ) ਦੇ ਹਜ਼ਾਰਾਂ;
33753	790	ਸਿਫਤਿ ਸਲਾਹਣੁ ਛਡਿ ਕੈ ਕਰੰਗੀ ਲਗਾ ਹੰਸੁ॥		Sifath Salaahan Shhadd Kai Karangee Lagaa Hans ||	The swan-soul has renounced the Lord's Praises, and attached itself to a rotting carcass.	(ਕਿਉਂਕਿ ਜੀਵ-) ਹੰਸ ਪਰਮਾਤਮਾ ਦੀ ਸਿਫ਼ਤਿ-ਸਾਲਾਹ (ਰੂਪ ਮੋਤੀ) ਛੱਡ ਕੇ (ਵਿਕਾਰ ਰੂਪ) ਮੁਰਦਾਰਾਂ (ਦੇ ਖਾਣ) ਵਿਚ ਲੱਗਾ ਹੋਇਆ ਹੈ (ਦਿਨੇ ਰਾਤ ਮੰਦ ਕਰਮ ਕਰਦਾ ਰਿਹਾ ਹੈ।

33754	790	ਫਿਟੁ ਇਵੇਹਾ ਜੀਵਿਆ ਜਿਤੁ ਖਾਇ ਵਧਾਇਆ ਪੇਟੁ॥		Fitt Eivaehaa Jeeviaa Jith Khaae Vadhhaaeiaa Paett ||	Cursed is that life, in which one only eats to fill his belly.	ਫਿਟੇ-ਮੂੰਹ ਅਜੇਹੇ ਜੀਊਣ ਨੂੰ ਜਿਸ ਵਿਚ ਸਿਰਫ਼ ਖਾ ਖਾ ਕੇ ਹੀ ਢਿੱਡ ਵਧਾ ਲਿਆ।
33755	790	ਨਾਨਕ ਸਚੇ ਨਾਮ ਵਿਣੁ ਸਭੋ ਦੁਸਮਨੁ ਹੇਤੁ॥੨॥		Naanak Sachae Naam Vin Sabho Dhusaman Haeth ||2||	O Nanak, without the True Name, all one's friends turn to enemies. ||2||	ਹੇ ਨਾਨਕ! ਪ੍ਰਭੂ ਦੇ ਇਸ ਨਾਮ ਤੋਂ ਵਾਂਜੇ ਰਹਿਣ ਕਰਕੇ ਇਹ ਸਾਰਾ ਮੋਹ ਵੈਰੀ ਹੋ ਢੁਕਦਾ ਹੈ ॥੨॥
33756	790	ਪਉੜੀ॥		Pourree ||	Pauree:	
33757	790	ਢਾਢੀ ਗੁਣ ਗਾਵੈ ਨਿਤ ਜਨਮੁ ਸਵਾਰਿਆ॥		Dtaadtee Gun Gaavai Nith Janam Savaariaa ||	The minstrel continually sings the Glorious Praises of the Lord, to embellish his life.	ਢਾਢੀ ਸਦਾ ਪ੍ਰਭੂ ਦੇ ਗੁਣ ਗਾਉਂਦਾ ਹੈ ਤੇ ਆਪਣਾ ਜੀਵਨ ਸੋਹਣਾ ਬਣਾਂਦਾ ਹੈ;
33758	790	ਗੁਰਮੁਖਿ ਸੇਵਿ ਸਲਾਹਿ ਸਚਾ ਉਰ ਧਾਰਿਆ॥		Guramukh Saev Salaahi Sachaa Our Dhhaariaa ||	The Gurmukh serves and praises the True Lord, enshrining Him within his heart.	ਗੁਰੂ ਦੀ ਰਾਹੀਂ ਉਹ ਪ੍ਰਭੂ ਦੀ ਬੰਦਗੀ ਕਰ ਕੇ ਸਿਫ਼ਤਿ-ਸਾਲਾਹ ਕਰ ਕੇ ਸੱਚੇ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਂਦਾ ਹੈ।
33759	791	ਘਰੁ ਦਰੁ ਪਾਵੈ ਮਹਲੁ ਨਾਮੁ ਪਿਆਰਿਆ॥		Ghar Dhar Paavai Mehal Naam Piaariaa ||	He obtains his own home and mansion, by loving the Naam, the Name of the Lord.	ਪ੍ਰਭੂ ਦੇ ਨਾਮ ਨੂੰ ਪਿਆਰ ਕਰ ਕੇ ਉਹ ਪ੍ਰਭੂ ਦਾ ਘਰ, ਪ੍ਰਭੂ ਦਾ ਦਰ ਤੇ ਮਹਲ ਲੱਭ ਲੈਂਦਾ ਹੈ।

33760	791	ਗੁਰਮੁਖਿ ਪਾਇਆ ਨਾਮੁ ਹਉ ਗੁਰ ਕਉ ਵਾਰਿਆ॥		Guramukh Paaeiaa Naam Ho Gur Ko Vaariaa ||	As Gurmukh, I have obtained the Naam; I am a sacrifice to the Guru.	ਮੈਂ ਕੁਰਬਾਨ ਹਾਂ ਗੁਰੂ ਤੋਂ, ਪ੍ਰਭੂ ਦਾ ਨਾਮ ਗੁਰੂ ਦੀ ਰਾਹੀਂ ਹੀ ਮਿਲਦਾ ਹੈ।
33761	791	ਤੂ ਆਪਿ ਸਵਾਰਹਿ ਆਪਿ ਸਿਰਜਨਹਾਰਿਆ॥੧੬॥		Thoo Aap Savaarehi Aap Sirajanehaariaa ||16||	You Yourself embellish and adorn us, O Creator Lord. ||16||	ਹੇ ਸਿਰਜਣਹਾਰ ਪ੍ਰਭੂ! ਤੂੰ ਆਪ ਹੀ (ਗੁਰੂ ਦੇ ਰਾਹ ਤੇ ਤੋਰ ਕੇ ਜੀਵ ਦਾ) ਜੀਵਨ ਸਵਾਰਦਾ ਹੈਂ ॥੧੬॥
33762	791	ਸਲੋਕ ਮਃ ੧॥		Salok Ma 1 ||	Shalok, First Mehl:	
33763	791	ਦੀਵਾ ਬਲੈ ਅੰਧੇਰਾ ਜਾਇ॥		Dheevaa Balai Andhhaeraa Jaae ||	When the lamp is lit, the darkness is dispelled;	(ਜਿਵੇਂ ਜਦੋਂ) ਦੀਵਾ ਜਗਦਾ ਹੈ ਤਾਂ ਹਨੇਰਾ ਦੂਰ ਹੋ ਜਾਂਦਾ ਹੈ।
33764	791	ਬੇਦ ਪਾਠ ਮਤਿ ਪਾਪਾ ਖਾਇ॥		Baedh Paath Math Paapaa Khaae ||	Reading the Vedas, sinful intellect is destroyed.	(ਏਸੇ ਤਰ੍ਹਾਂ) ਵੇਦ (ਆਦਿਕ ਧਰਮ-ਪੁਸਤਕਾਂ ਦੀ) ਬਾਣੀ ਅਨੁਸਾਰ ਢਲੀ ਹੋਈ ਮਤਿ ਪਾਪਾਂ ਦਾ ਨਾਸ ਕਰ ਦੇਂਦੀ ਹੈ।
33765	791	ਉਗਵੈ ਸੂਰੁ ਨ ਜਾਪੈ ਚੰਦੁ॥		Ougavai Soor N Jaapai Chandh ||	When the sun rises, the moon is not visible.	ਜਦੋਂ ਸੂਰਜ ਚੜ੍ਹ ਪੈਂਦਾ ਹੈ ਚੰਦ੍ਰਮਾ (ਚੜ੍ਹਿਆ ਹੋਇਆ) ਨਹੀਂ ਜਾਪਦਾ,
33766	791	ਜਹ ਗਿਆਨ ਪ੍ਰਗਾਸੁ ਅਗਿਆਨੁ ਮਿਟੰਤੁ॥		Jeh Giaan Pragaas Agiaan Mittanth ||	Wherever spiritual wisdom appears, ignorance is dispelled.	(ਤਿਵੇਂ) ਜਿਥੇ ਮਤਿ ਉੱਜਲੀ (ਗਿਆਨ ਦਾ ਪ੍ਰਕਾਸ਼) ਹੋ ਜਾਏ ਓਥੇ ਅਗਿਆਨਤਾ ਮਿਟ ਜਾਂਦੀ ਹੈ।

33767	791	ਬੇਦ ਪਾਠ ਸੰਸਾਰ ਕੀ ਕਾਰ॥		Baedh Paath Sansaar Kee Kaar ||	Reading the Vedas is the world's occupation;	ਵੇਦ ਆਦਿਕ ਧਰਮ-ਪੁਸਤਕਾਂ ਦੇ (ਨਿਰੇ) ਪਾਠ ਤਾਂ ਦੁਨੀਆਵੀ ਵਿਹਾਰ (ਸਮਝੋ),
33768	791	ਪੜਿ ਪੜਿ ਪੰਡਿਤ ਕਰਹਿ ਬੀਚਾਰ॥		Parrih Parrih Panddith Karehi Beechaar ||	The Pandits read them, study them and contemplate them.	ਵਿਦਵਾਨ ਲੋਕ ਇਹਨਾਂ ਨੂੰ ਪੜ੍ਹ ਪੜ੍ਹ ਕੇ ਇਹਨਾਂ ਦੇ ਸਿਰਫ਼ ਅਰਥ ਹੀ ਵਿਚਾਰਦੇ ਹਨ।
33769	791	ਬਿਨੁ ਬੂਝੇ ਸਭ ਹੋਇ ਖੁਆਰ॥		Bin Boojhae Sabh Hoe Khuaar ||	Without understanding, all are ruined.	ਜਦ ਤਕ ਮਤਿ ਨਹੀਂ ਬਦਲਦੀ (ਨਿਰੇ ਪਾਠ ਤੇ ਅਰਥ-ਵਿਚਾਰ ਨਾਲ ਤਾਂ) ਲੁਕਾਈ ਖ਼ੁਆਰ ਹੀ ਹੁੰਦੀ ਹੈ।
33770	791	ਨਾਨਕ ਗੁਰਮੁਖਿ ਉਤਰਸਿ ਪਾਰਿ॥੧॥		Naanak Guramukh Outharas Paar ||1||	O Nanak, the Gurmukh is carried across. ||1||	ਹੇ ਨਾਨਕ! ਉਹ ਮਨੁੱਖ ਹੀ (ਪਾਪਾਂ ਦੇ ਹਨੇਰੇ ਤੋਂ) ਪਾਰ ਲੰਘਦਾ ਹੈ ਜਿਸ ਨੇ ਆਪਣੀ ਮਤਿ ਗੁਰੂ ਦੇ ਹਵਾਲੇ ਕਰ ਦਿੱਤੀ ਹੈ ॥੧॥
33771	791	ਮਃ ੧॥		Ma 1 ||	First Mehl:	
33772	791	ਸਬਦੈ ਸਾਦੁ ਨ ਆਇਓ ਨਾਮਿ ਨ ਲਗੋ ਪਿਆਰੁ॥		Sabadhai Saadh N Aaeiou Naam N Lago Piaar ||	Those who do not savor the Word of the Shabad, do not love the Naam, the Name of the Lord.	ਜਿਸ ਮਨੁੱਖ ਨੂੰ (ਕਦੇ) ਗੁਰ-ਸਬਦ ਦਾ ਰਸ ਨਹੀਂ ਆਇਆ, ਜਿਸ ਦਾ (ਕਦੇ) ਪ੍ਰਭੂ ਦੇ ਨਾਮ ਵਿਚ ਪਿਆਰ ਨਹੀਂ ਬਣਿਆ,
33773	791	ਰਸਨਾ ਫਿਕਾ ਬੋਲਣਾ ਨਿਤ ਨਿਤ ਹੋਇ ਖੁਆਰੁ॥		Rasanaa Fikaa Bolanaa Nith Nith Hoe Khuaar ||	They speak insipidly with their tongues, and are continually disgraced.	ਉਹ ਜੀਭ ਨਾਲ ਫਿੱਕੇ ਬਚਨ ਬੋਲਦਾ ਹੈ ਤੇ ਸਦਾ ਹੀ ਖ਼ੁਆਰ ਹੁੰਦਾ ਰਹਿੰਦਾ ਹੈ।

33774	791	ਨਾਨਕ ਪਇਐ ਕਿਰਤਿ ਕਮਾਵਣਾ ਕੋਇ ਨ ਮੇਟਣਹਾਰੁ॥੨॥		Naanak Paeiai Kirath Kamaavanaa Koe N Maettanehaar ||2||	O Nanak, they act according to the karma of their past actions, which no one can erase. ||2||	(ਪਰ), ਹੇ ਨਾਨਕ! (ਉਸ ਦੇ ਵੱਸ ਭੀ ਕੀਹ?) (ਹਰੇਕ ਜੀਵ) ਆਪਣੇ (ਹੁਣ ਤਕ ਦੇ) ਕੀਤੇ ਕਰਮਾਂ ਦੇ ਇਕੱਠੇ ਹੋਏ ਹੋਏ ਸੰਸਕਾਰਾਂ ਅਨੁਸਾਰ ਕੰਮ ਕਰਦਾ ਹੈ, ਕੋਈ ਬੰਦਾ ਇਸ ਬਣੇ ਹੋਏ ਗੇੜ ਨੂੰ ਆਪਣੇ ਉੱਦਮ ਨਾਲ) ਮਿਟਾ ਨਹੀਂ ਸਕਦਾ ॥੨॥
33775	791	ਪਉੜੀ॥		Pourree ||	Pauree:	
33776	791	ਜਿ ਪ੍ਰਭੁ ਸਾਲਾਹੇ ਆਪਣਾ ਸੋ ਸੋਭਾ ਪਾਏ॥		J Prabh Saalaahae Aapanaa So Sobhaa Paaeae ||	One who praises his God, receives honor.	ਜੋ ਮਨੁੱਖ ਆਪਣੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹੈ ਉਹ ਸੋਭਾ ਖੱਟਦਾ ਹੈ।
33777	791	ਹਉਮੈ ਵਿਚਹੁ ਦੂਰਿ ਕਰਿ ਸਚੁ ਮੰਨਿ ਵਸਾਏ॥		Houmai Vichahu Dhoor Kar Sach Mann Vasaaeae ||	He drives out egotism from within himself, and enshrines the True Name within his mind.	ਮਨ ਵਿਚੋਂ 'ਹਉਮੈ' ਮਿਟਾ ਕੇ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਵਸਾਂਦਾ ਹੈ।
33778	791	ਸਚੁ ਬਾਣੀ ਗੁਣ ਉਚਰੈ ਸਚਾ ਸੁਖੁ ਪਾਏ॥		Sach Baanee Gun Oucharai Sachaa Sukh Paaeae ||	Through the True Word of the Guru's Bani,he chants the Glorious Praises of the Lord,and finds true peace.	ਸਤਿਗੁਰੂ ਦੀ ਬਾਣੀ ਦੀ ਰਾਹੀਂ ਪ੍ਰਭੂ ਦੇ ਗੁਣ ਉਚਾਰਦਾ ਹੈ ਤੇ ਨਾਮ ਸਿਮਰਦਾ ਹੈ (ਇਸ ਤਰ੍ਹਾਂ) ਅਸਲ ਸੁਖ ਮਾਣਦਾ ਹੈ।

33779	791	ਮੇਲੁ ਭਇਆ ਚਿਰੀ ਵਿਛੁੰਨਿਆ ਗੁਰ ਪੁਰਖਿ ਮਿਲਾਏ॥		Mael Bhaeiaa Chiree Vishhunniaa Gur Purakh Milaaeae ||	He is united with the Lord, after being separated for so long; the Guru, the Primal Being, unites him with the Lord.	ਚਿਰ ਤੋਂ (ਰੱਬ ਨਾਲੋਂ) ਵਿਛੁੜੇ ਹੋਏ ਦਾ (ਮੁੜ ਰੱਬ ਨਾਲ) ਮੇਲ ਹੋ ਜਾਂਦਾ ਹੈ, ਸਤਿਗੁਰੂ ਮਰਦ ਨੇ (ਜੂ) ਮਿਲਾ ਦਿੱਤਾ।
33780	791	ਮਨੁ ਮੈਲਾ ਇਵ ਸੁਧੁ ਹੈ ਹਰਿ ਨਾਮੁ ਧਿਆਏ॥੧੭॥		Man Mailaa Eiv Sudhh Hai Har Naam Dhhiaaeae ||17||	In this way, his filthy mind is cleansed and purified, and he meditates on the Name of the Lord. ||17||	ਸੋ, ਪ੍ਰਭੂ ਦਾ ਨਾਮ ਸਿਮਰ ਕੇ ਇਸ ਤਰ੍ਹਾਂ ਮੈਲਾ ਮਨ ਪਵਿਤ੍ਰ ਹੋ ਜਾਂਦਾ ਹੈ ॥੧੭॥
33781	791	ਸਲੋਕ ਮਃ ੧॥		Salok Ma 1 ||	Shalok, First Mehl:	
33782	791	ਕਾਇਆ ਕੂਮਲ ਫੁਲ ਗੁਣ ਨਾਨਕ ਗੁਪਸਿ ਮਾਲ॥	(ਗੁਪਸਿ)ਗੁੰਦਣਾਂ ਕਰੋ। (ਮਾਲ)ਮਾਲਾ। (ਕਾਇਆਂ)ਫੁੱਲ। ਗੁਪ-ਸਿ:ਪੋਲਾ ਬੋਲੋ	Kaaeiaa Koomal Ful Gun Naanak Gupas Maal ||	With the fresh leaves of the body, and the flowers of virtue, Nanak has weaved his garland.	ਹੇ ਨਾਨਕ! ਸਰੀਰ (ਮਾਨੋ, ਫੁੱਲਾਂ ਵਾਲੇ ਬੂਟਿਆਂ ਦੀ) ਕੂਮਲੀ ਹੈ, (ਪਰਮਾਤਮਾ ਦੇ) ਗੁਣ (ਇਸ ਕੋਮਲ ਟਹਣੀ ਨੂੰ, ਮਾਨੋ) ਫੁੱਲ ਹਨ, (ਕੋਈ ਭਾਗਾਂ ਵਾਲਾ ਬੰਦਾ ਇਹਨਾਂ ਫੁੱਲਾਂ ਦਾ) ਹਾਰ ਗੁੰਦਦਾ ਹੈ;
33783	791	ਏਨ੍ਹੀ ਫੁਲੀ ਰਉ ਕਰੇ ਅਵਰ ਕਿ ਚੁਣੀਅਹਿ ਡਾਲ॥੧॥	(ਰਉ)ਗਾਵਣਾ ਕਰੇ, ਉਚਾਰਣਾ। ਫੁੱਲੀਂ। ਰਉਂ	Eaenee Fulee Ro Karae Avar K Chuneeahi Ddaal ||1||	The Lord is pleased with such garlands, so why pick any other flowers? ||1||	ਜੇ ਮਨੁੱਖ ਇਹਨਾਂ ਫੁੱਲਾਂ ਵਿਚ ਲਗਨ ਲਾਏ ਤਾਂ (ਮੂਰਤੀਆਂ ਅੱਗੇ ਭੇਟ ਰੱਖਣ ਲਈ) ਹੋਰ ਡਾਲੀਆਂ ਚੁਣਨ ਦੀ ਕੀਹ ਲੋੜ? ॥੧॥
33784	791	ਮਹਲਾ ੨॥		Mehalaa 2 ||	Second Mehl:	

33785	791	ਨਾਨਕ ਤਿਨ੍ਹਾ ਬਸੰਤੁ ਹੈ ਜਿਨ੍ ਘਰਿ ਵਸਿਆ ਕੰਤੁ॥		Naanak Thinaa Basanth Hai Jinh Ghar Vasiaa Kanth ||	O Nanak, it is the spring season for those, within whose homes their Husband Lord abides.	ਹੇ ਨਾਨਕ! ਜਿਨ੍ਹਾਂ (ਜੀਵ-) ਇਸਤ੍ਰੀਆਂ ਦਾ ਖਸਮ ਘਰ ਵਿਚ ਵੱਸਦਾ ਹੈ ਉਹਨਾਂ ਦੇ ਭਾ ਦੀ ਬਸੰਤ ਰੁੱਤ ਆਈ ਹੋਈ ਹੈ;
33786	791	ਜਿਨ੍ ਕੇ ਕੰਤ ਦਿਸਾਪੁਰੀ ਸੇ ਅਹਿ ਨਿਸਿ ਫਿਰਹਿ ਜਲੰਤ॥੨॥	(ਕੰਤ) ਵਾਹਿਗੁਰੂ ਜੀ ਤਾਂ ਰਿਦੇ ਚ ਹੀ ਵਸਦੇ ਹਨ, ਜਿਨ੍ਹਾਂ ਦੇ ਮਨ, ਰਿਦੇ ਚ ਵਸ ਰਹੇ ਕੰਤ ਜੀ ਨੂੰ ਛੱਡ ਕੇ(ਦਿਸਾਪੁਰੀ)ਪ੍ਰਦੇਸ ਅਕਾਸ ਪਤਾਲ ਚ ਗਏ ਰਹਿੰਦੇ ਹਨ	Jin Kae Kanth Dhisaapuree Sae Ahinis Firehi Jalanth ||2||	But those, whose Husband Lord is far away in distant lands, continue burning, day and night. ||2||	ਪਰ ਜਿਨ੍ਹਾਂ ਦੇ ਖਸਮ ਪਰਦੇਸ ਵਿਚ (ਗਏ ਹੋਏ) ਹਨ, ਉਹ ਦਿਨ ਰਾਤ ਸੜਦੀਆਂ ਫਿਰਦੀਆਂ ਹਨ ॥੨॥
33787	791	ਪਉੜੀ॥		Pourree ||	Pauree:	
33788	791	ਆਪੇ ਬਖਸੇ ਦਇਆ ਕਰਿ ਗੁਰ ਸਤਿਗੁਰ ਬਚਨੀ॥		Aapae Bakhasae Dhaeiaa Kar Gur Sathigur Bachanee ||	The Merciful Lord Himself forgives those who dwell upon the Word of the Guru, the True Guru.	ਗੁਰੂ ਸਤਿਗੁਰੂ ਦੀ ਬਾਣੀ ਵਿਚ ਜੋੜ ਕੇ ਪ੍ਰਭੂ ਆਪ ਹੀ ਮਿਹਰ ਕਰ ਕੇ ('ਨਾਮ' ਦੀ) ਬਖ਼ਸ਼ਸ਼ ਕਰਦਾ ਹੈ।
33789	791	ਅਨ ਦਿਨੁ ਸੇਵੀ ਗੁਣ ਰਵਾ ਮਨੁ ਸਚੈ ਰਚਨੀ॥		Anadhin Saevee Gun Ravaa Man Sachai Rachanee ||	Night and day, I serve the True Lord, and chant His Glorious Praises; my mind merges into Him.	(ਹੇ ਪ੍ਰਭੂ! ਮਿਹਰ ਕਰ) ਮੈਂ ਹਰ ਵੇਲੇ ਤੈਨੂੰ ਸਿਮਰਾਂ ਤੇਰੇ ਗੁਣ ਚੇਤੇ ਕਰਾਂ ਤੇ ਮੇਰਾ ਮਨ ਤੈਂ ਸੱਚੇ ਵਿਚ ਜੁੜਿਆ ਰਹੇ।

33790	791	ਪ੍ਰਭੁ ਮੇਰਾ ਬੇਅੰਤੁ ਹੈ ਅੰਤੁ ਕਿਨੈ ਨ ਲਖਨੀ॥		Prabh Maeraa Baeanth Hai Anth Kinai N Lakhanee ||	My God is infinite; no one knows His limit.	ਮੇਰਾ ਪਰਮਾਤਮਾ ਬੇਅੰਤ ਹੈ ਕਿਸੇ ਜੀਵ ਨੇ ਉਸ ਦਾ ਅੰਤ ਨਹੀਂ ਪਾਇਆ।
33791	791	ਸਤਿਗੁਰ ਚਰਣੀ ਲਗਿਆ ਹਰਿ ਨਾਮੁ ਨਿਤ ਜਪਨੀ॥		Sathigur Charanee Lagiaa Har Naam Nith Japanee ||	Grasping hold of the feet of the True Guru, meditate continually on the Lord's Name.	ਗੁਰੂ ਦੀ ਸਰਨ ਪਿਆਂ ਪ੍ਰਭੂ ਦਾ ਨਾਮ ਨਿੱਤ ਸਿਮਰਿਆ ਜਾ ਸਕਦਾ ਹੈ।
33792	791	ਜੋ ਇਛੈ ਸੋ ਫਲੁ ਪਾਇਸੀ ਸਭਿ ਘਰੈ ਵਿਚਿ ਜਚਨੀ॥੧੮॥		Jo Eishhai So Fal Paaeisee Sabh Gharai Vich Jachanee ||18||	Thus you shall obtain the fruits of your desires, and all wishes shall be fulfilled within your home. ||18||	(ਜੋ ਸਿਮਰਦਾ ਹੈ) ਉਸ ਦੀਆਂ ਸਾਰੀਆਂ ਲੋੜਾਂ ਘਰ ਵਿਚ ਹੀ ਪੂਰੀਆਂ ਹੋ ਜਾਂਦੀਆਂ ਹਨ, ਉਹ ਜਿਸ ਫਲ ਦੀ ਤਾਂਘ ਕਰਦਾ ਹੈ ਉਹੀ ਉਸ ਨੂੰ ਮਿਲ ਜਾਂਦਾ ਹੈ ॥੧੮॥
33793	791	ਸਲੋਕ ਮਃ ੧॥		Salok Ma 1 ||	Shalok, First Mehl:	
33794	791	ਪਹਿਲ ਬਸੰਤੈ ਆਗਮਨਿ ਪਹਿਲਾ ਮਉਲਿਓ ਸੋਇ॥	ਆਗ-ਮਨਿ। ਮਉੱਲਿਓ ਕਸਕੇ	Pehil Basanthai Aagaman Pehilaa Mouliou Soe ||	Spring brings forth the first blossoms, but the Lord blossoms earlier still.	ਜੋ ਪ੍ਰਭੂ ਬਸੰਤ ਰੁੱਤ ਆਉਣ ਤੋਂ ਪਹਿਲਾਂ ਦਾ ਹੈ ਉਹ ਹੀ ਸਭ ਤੋਂ ਪਹਿਲਾਂ ਦਾ ਖਿੜਿਆ ਹੋਇਆ ਹੈ।

33795	791	ਜਿਤੁ ਮਉਲਿਐ ਸਭ ਮਉਲੀਐ ਤਿਸਹਿ ਨ ਮਉਲਿਹੁ ਕੋਇ॥੧॥	ਮਉੱਲਿਐ,ਮਉੱਲੀਐ,ਮਉੱਲਿਹੁ:ਕਸਕੇ	Jith Mouliai Sabh Mouleeai Thisehi N Moulihu Koe ||1||	By His blossoming, everything blossoms; no one else causes Him to blossom forth. ||1||	ਉਸ ਦੇ ਖਿੜਨ ਨਾਲ ਸਾਰੀ ਸ੍ਰਿਸ਼ਟੀ ਖਿੜਦੀ ਹੈ ਪਰ ਉਸ ਨੂੰ ਹੋਰ ਕੋਈ ਨਹੀਂ ਖਿੜਾਂਦਾ ॥੧॥
33796	791	ਮਃ ੨॥		Ma 2 ||	Second Mehl:	
33797	791	ਪਹਿਲ ਬਸੰਤੈ ਆਗਮਨਿ ਤਿਸ ਕਾ ਕਰਹੁ ਬੀਚਾਰੁ॥		Pehil Basanthai Aagaman This Kaa Karahu Beechaar ||	He blossoms forth even earlier than the spring; reflect upon Him.	ਉਸ ਪ੍ਰਭੂ (ਦੇ ਗੁਣਾਂ) ਦੀ ਵਿਚਾਰ ਕਰੋ ਜੋ ਬਸੰਤ ਰੁੱਤ ਦੇ ਆਉਣ ਤੋਂ ਪਹਿਲਾਂ ਦਾ ਹੈ (ਭਾਵ, ਜਿਸ ਦੀ ਬਰਕਤਿ ਨਾਲ ਸਾਰਾ ਜਗਤ ਮਉਲਦਾ ਹੈ)।
33798	791	ਨਾਨਕ ਸੋ ਸਾਲਾਹੀਐ ਜਿ ਸਭਸੈ ਦੇ ਆਧਾਰੁ॥੨॥		Naanak So Saalaaheeai J Sabhasai Dhae Aadhhaar ||2||	O Nanak, praise the One who gives Support to all. ||2||	ਹੇ ਨਾਨਕ! ਉਸ ਪ੍ਰਭੂ ਨੂੰ ਸਿਮਰੀਏ ਜੋ ਸਭ ਦਾ ਆਸਰਾ ਹੈ ॥੨॥
33799	791	ਮਃ ੨॥		Ma 2 ||	Second Mehl:	

33800	791	ਮਿਲਿਐ ਮਿਲਿਆ ਨਾ ਮਿਲੈ ਮਿਲੈ ਮਿਲਿਆ ਜੇ ਹੋਇ॥		Miliai Miliaa Naa Milai Milai Miliaa Jae Hoe ||	By uniting, the united one is not united; he unites, only if he is united.	ਨਿਰਾ ਕਹਿਣ ਨਾਲ ਕਿ ਮੈਂ ਮਿਲਿਆ ਹੋਇਆ ਹਾਂ ਮੇਲ ਨਹੀਂ ਹੁੰਦਾ, ਮੇਲ ਤਾਂ ਹੀ ਹੁੰਦਾ ਹੈ ਜੇ ਸਚੁ-ਮੁਚ ਮਿਲਿਆ ਹੋਵੇ।
33801	791	ਅੰਤਰ ਆਤਮੈ ਜੋ ਮਿਲੈ ਮਿਲਿਆ ਕਹੀਐ ਸੋਇ॥੩॥		Anthar Aathamai Jo Milai Miliaa Keheeai Soe ||3||	But if he unites deep within his soul, then he is said to be united. ||3||	ਜੋ ਅੰਦਰੋਂ ਆਤਮਾ ਵਿਚ ਮਿਲੇ, ਉਸ ਨੂੰ ਮਿਲਿਆ ਹੋਇਆ ਆਖਣਾ ਚਾਹੀਦਾ ਹੈ ॥੩॥
33802	791	ਪਉੜੀ॥		Pourree ||	Pauree:	
33803	791	ਹਰਿ ਹਰਿ ਨਾਮੁ ਸਲਾਹੀਐ ਸਚੁ ਕਾਰ ਕਮਾਵੈ॥		Har Har Naam Salaaheeai Sach Kaar Kamaavai ||	Praise the Name of the Lord, Har, Har, and practice truthful deeds.	ਪ੍ਰਭੂ ਦਾ ਨਾਮ ਸਿਮਰਨਾ ਚਾਹੀਦਾ ਹੈ (ਜੋ ਸਿਮਰਨ ਵਿਚ ਲੱਗਦਾ ਹੈ ਉਹ) ਇਹ ਸਿਮਰਨ ਦੀ ਕਾਰ ਸਦਾ ਕਰਦਾ ਹੈ।
33804	791	ਦੂਜੀ ਕਾਰੈ ਲਗਿਆ ਫਿਰਿ ਜੋਨੀ ਪਾਵੈ॥		Dhoojee Kaarai Lagiaa Fir Jonee Paavai ||	Attached to other deeds, one is consigned to wander in reincarnation.	'ਨਾਮ' ਤੋਂ ਬਿਨਾ ਹੋਰ ਆਹਰਾਂ ਵਿਚ ਰੁੱਝਿਆ ਮੁੜ ਮੁੜ ਜੂਨਾਂ ਵਿਚ ਮਨੁੱਖ ਪੈਂਦਾ ਹੈ।
33805	791	ਨਾਮਿ ਰਤਿਆ ਨਾਮੁ ਪਾਈਐ ਨਾਮੇ ਗੁਣ ਗਾਵੈ॥		Naam Rathiaa Naam Paaeeai Naamae Gun Gaavai ||	Attuned to the Name, one obtains the Name, and through the Name, sings the Lord's Praises.	'ਨਾਮ' ਵਿਚ ਜੁੜਿਆਂ 'ਨਾਮ' ਹੀ ਕਮਾਈਦਾ ਹੈ ਪ੍ਰਭੂ ਦੇ ਹੀ ਗੁਣ ਗਾਈਦੇ ਹਨ।

33806	791	ਗੁਰ ਕੈ ਸਬਦਿ ਸਲਾਹੀਐ ਹਰਿ ਨਾਮਿ ਸਮਾਵੈ॥		Gur Kai Sabadh Salaaheeai Har Naam Samaavai ||	Praising the Word of the Guru's Shabad, he merges in the Lord's Name.	ਜਿਸ ਨੇ ਗੁਰ-ਸਬਦ ਦੀ ਰਾਹੀਂ ਸਿਫ਼ਤਿ-ਸਾਲਾਹ ਕੀਤੀ ਹੈ ਉਹ ਨਾਮ ਵਿਚ ਹੀ ਲੀਨ ਰਹਿੰਦਾ ਹੈ।
33807	791	ਸਤਿਗੁਰ ਸੇਵਾ ਸਫਲ ਹੈ ਸੇਵਿਐ ਫਲ ਪਾਵੈ॥੧੯॥		Sathigur Saevaa Safal Hai Saeviai Fal Paavai ||19||	Service to the True Guru is fruitful and rewarding; serving Him, the fruits are obtained. ||19||	ਗੁਰੂ ਦੇ ਹੁਕਮ ਵਿਚ ਤੁਰਨਾ ਬੜਾ ਗੁਣਕਾਰੀ ਹੈ, ਹੁਕਮ ਵਿਚ ਤੁਰਿਆਂ ਨਾਮ-ਧਨ ਰੂਪ ਫਲ ਮਿਲਦਾ ਹੈ ॥੧੯॥
33808	791	ਸਲੋਕ ਮਃ ੨॥		Salok Ma 2 ||	Shalok, Second Mehl:	
33809	791	ਕਿਸ ਹੀ ਕੋਈ ਕੋਇ ਮੰਞੁ ਨਿਮਾਣੀ ਇਕੁ ਤੂ॥		Kis Hee Koee Koe Mannj Nimaanee Eik Thoo ||	Some people have others, but I am forlorn and dishonored; I have only You, Lord.	(ਹੇ ਪ੍ਰਭੂ!) ਕਿਸੇ ਦਾ ਕੋਈ (ਮਿਥਿਆ) ਆਸਰਾ ਹੈ, ਕਿਸੇ ਦਾ ਕੋਈ ਆਸਰਾ ਹੈ, ਮੈਂ ਨਿਮਾਣੀ ਦਾ ਇਕ ਤੂੰ ਹੀ ਤੂੰ ਹੈਂ।
33810	792	ਕਿਉ ਨ ਮਰੀਜੈ ਰੋਇ ਜਾ ਲਗੁ ਚਿਤਿ ਨ ਆਵਹੀ॥੧॥		Kio N Mareejai Roe Jaa Lag Chith N Aavehee ||1||	I might as well just die crying, if You will not come into my mind. ||1||	ਜਦ ਤਕ ਤੂੰ ਮੇਰੇ ਚਿੱਤ ਵਿਚ ਨਾਹ ਵਸੇਂ, ਕਿਉਂ ਨ ਰੋ ਕੇ ਮਰਾਂ? (ਤੈਨੂੰ ਵਿਸਾਰ ਕੇ ਦੁੱਖਾਂ ਵਿਚ ਹੀ ਖਪੀਦਾ ਹੈ) ॥੧॥
33811	792	ਮਃ ੨॥		Ma 2 ||	Second Mehl:	

33812	792	ਜਾਂ ਸੁਖੁ ਤਾ ਸਹੁ ਰਾਵਿਓ ਦੁਖਿ ਭੀ ਸੰਮ੍ਹਾਲਿਓਇ॥	ਸੰਮ੍ਹਾ–ਲਿਓਇ	Jaan Sukh Thaa Sahu Raaviou Dhukh Bhee Sanmhaalioue ||	When there is peace and pleasure, that is the time to remember your Husband Lord. In times of suffering and pain, remember Him then as well.	ਜੇ ਸੁਖ ਹੈ ਤਾਂ ਭੀ ਖਸਮ-ਪ੍ਰਭੂ ਨੂੰ ਯਾਦ ਕਰੀਏ, ਦੁੱਖ ਵਿਚ ਭੀ ਮਾਲਕ ਨੂੰ ਚੇਤੇ ਰੱਖੀਏ,
33813	792	ਨਾਨਕੁ ਕਹੈ ਸਿਆਣੀਏ ਇਉ ਕੰਤ ਮਿਲਾਵਾ ਹੋਇ॥੨॥		Naanak Kehai Siaaneeeae Eio Kanth Milaavaa Hoe ||2||	Says Nanak, O wise bride, this is the way to meet your Husband Lord. ||2||	ਤਾਂ, ਨਾਨਕ ਆਖਦਾ ਹੈ, ਹੇ ਸਿਆਣੀ ਜੀਵ-ਇਸਤ੍ਰੀਏ! ਇਸ ਤਰ੍ਹਾਂ ਖਸਮ ਨਾਲ ਮੇਲ ਹੁੰਦਾ ਹੈ ॥੨॥
33814	792	ਪਉੜੀ॥		Pourree ||	Pauree:	
33815	792	ਹਉ ਕਿਆ ਸਾਲਾਹੀ ਕਿਰਮ ਜੰਤੁ ਵਡੀ ਤੇਰੀ ਵਡਿਆਈ॥		Ho Kiaa Saalaahee Kiram Janth Vaddee Thaeree Vaddiaaee ||	I am a worm - how can I praise You, O Lord; Your glorious greatness is so great!	ਹੇ ਪ੍ਰਭੂ! ਮੈਂ ਇਕ ਕੀੜਾ ਜਿਹਾ ਹਾਂ, ਤੇਰੀ ਵਡਿਆਈ ਵੱਡੀ ਹੈ, ਮੈਂ ਤੇਰੇ ਕੀਹ ਕੀਹ ਗੁਣ ਬਿਆਨ ਕਰਾਂ?
33816	792	ਤੂ ਅਗਮ ਦਇਆਲੁ ਅਗੰਮੁ ਹੈ ਆਪਿ ਲੈਹਿ ਮਿਲਾਈ॥		Thoo Agam Dhaeiaal Aganm Hai Aap Laihi Milaaee ||	You are inaccessible, merciful and unapproachable; You Yourself unite us with Yourself.	ਤੂੰ ਬੜਾ ਹੀ ਦਿਆਲ ਹੈਂ, ਅਪਹੁੰਚ ਹੈਂ ਤੂੰ ਆਪ ਹੀ ਆਪਣੇ ਨਾਲ ਮਿਲਾਂਦਾ ਹੈਂ।

33817	792	ਮੈ ਤੁਝ ਬਿਨੁ ਬੇਲੀ ਕੋ ਨਹੀ ਤੂ ਅੰਤਿ ਸਖਾਈ॥		Mai Thujh Bin Baelee Ko Nehee Thoo Anth Sakhaaee ||	I have no other friend except You; in the end, You alone will be my Companion and Support.	ਮੈਨੂੰ ਤੈਥੋਂ ਬਿਨਾ ਕੋਈ ਬੇਲੀ ਨਹੀਂ ਦਿੱਸਦਾ, ਆਖ਼ਰ ਤੂੰ ਹੀ ਸਾਥੀ ਹੋ ਕੇ ਪੁਕਾਰਦਾ ਹੈਂ।
33818	792	ਜੋ ਤੇਰੀ ਸਰਣਾਗਤੀ ਤਿਨ੍ ਲੈਹਿ ਛਡਾਈ॥	ਸਰ-ਣਾਗਤੀ	Jo Thaeree Saranaagathee Thin Laihi Shhaddaaee ||	You save those who enter Your Sanctuary.	ਜੋ ਜੋ ਜੀਵ ਤੇਰੀ ਸਰਨ ਆਉਂਦਾ ਹੈ ਉਹਨਾਂ ਨੂੰ (ਹਉਮੈ ਦੇ ਗੇੜ ਤੋਂ) ਬਚਾ ਲੈਂਦਾ ਹੈਂ।
33819	792	ਨਾਨਕ ਵੇਪਰਵਾਹੁ ਹੈ ਤਿਸੁ ਤਿਲੁ ਨ ਤਮਾਈ॥੨੦॥੧॥		Naanak Vaeparavaahu Hai This Thil N Thamaaee ||20||1||	O Nanak, He is care-free; He has no greed at all. ||20||1||	ਹੇ ਨਾਨਕ! ਪ੍ਰਭੂ ਆਪ ਬੇ-ਮੁਥਾਜ ਹੈ, ਉਸ ਨੂੰ ਰਤਾ ਭੀ ਕੋਈ ਲਾਲਚ ਨਹੀਂ ਹੈ ॥੨੦॥੧॥
33820	792	ਰਾਗੁ ਸੂਹੀ ਬਾਣੀ ਸ੍ਰੀ ਕਬੀਰ ਜੀਉ ਤਥਾ ਸਭਨਾ ਭਗਤਾ ਕੀ॥ਕਬੀਰ ਕੇ		Raag Soohee Baanee Sree Kabeer Jeeo Thathhaa Sabhanaa Bhagathaa Kee || Kabeer Kae	Raag Soohee, The Word Of Kabeer Jee, And Other Devotees. Of Kabeer	ਰਾਗ ਸੂਹੀ ਵਿੱਚ ਭਗਤ ਕਬੀਰ ਜੀ ਦੀ ਤੇ ਸਾਰੇ ਭਗਤਾਂ ਦੀ ਬਾਣੀ। ਭਗਤ ਕਬੀਰ ਜੀ ਦੀ ਬਾਣੀ।
33821	792	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

33822	792	ਅਵਤਰਿ ਆਇ ਕਹਾ ਤੁਮ ਕੀਨਾ॥	(ਅਵ-ਤਰਿਹੇ) ਔਤਰੇ।ਅਵਤਰਿਹੇ:ਪੋਲਾ ਬੋਲੋ	Avathar Aae Kehaa Thum Keenaa ||	Since your birth, what have you done?	(ਹੇ ਭਾਈ!) ਜਗਤ ਵਿਚ ਆ ਕੇ ਜਨਮ ਲੈ ਕੇ ਤੂੰ ਕੀਹ ਕੀਤਾ? (ਭਾਵ, ਤੂੰ ਕੁਝ ਭੀ ਨਾਹ ਖੱਟਿਆ)
33823	792	ਰਾਮ ਕੋ ਨਾਮੁ ਨ ਕਬਹੂ ਲੀਨਾ॥੧॥		Raam Ko Naam N Kabehoo Leenaa ||1||	You have never even chanted the Name of the Lord. ||1||	ਤੂੰ ਪਰਮਾਤਮਾ ਦਾ ਨਾਮ (ਤਾਂ) ਕਦੇ ਸਿਮਰਿਆ ਨਹੀਂ ॥੧॥
33824	792	ਰਾਮ ਨ ਜਪਹੁ ਕਵਨ ਮਤਿ ਲਾਗੇ॥		Raam N Japahu Kavan Math Laagae ||	You have not meditated on the Lord; what thoughts are you attached to?	ਤੂੰ ਪ੍ਰਭੂ ਦਾ ਨਾਮ ਨਹੀਂ ਸਿਮਰਦਾ, ਕਿਹੜੀ (ਕੋਝੀ) ਮੱਤੇ ਲੱਗਾ ਹੋਇਆ ਹੈਂ?
33825	792	ਮਰਿ ਜਇਬੇ ਕਉ ਕਿਆ ਕਰਹੁ ਅਭਾਗੇ॥੧॥ਰਹਾਉ॥	(ਮਰਿ)ਜਾਣ (ਕਉ)ਨੂੰ, ਭਾਵ ਮਰਨ ਸਮੇਂ	Mar Jaeibae Ko Kiaa Karahu Abhaagae ||1|| Rehaao ||	What preparations are you making for your death, O unfortunate one? ||1||Pause||	ਹੇ ਭਾਗ-ਹੀਣ ਬੰਦੇ! ਤੂੰ ਮਰਨ ਦੇ ਵੇਲੇ ਲਈ ਕੀਹ ਤਿਆਰੀ ਕਰ ਰਿਹਾ ਹੈਂ? ॥੧॥ ਰਹਾਉ ॥
33826	792	ਦੁਖ ਸੁਖ ਕਰਿ ਕੈ ਕੁਟੰਬੁ ਜੀਵਾਇਆ॥		Dhukh Sukh Kar Kai Kuttanb Jeevaaeiaa ||	Through pain and pleasure, you have taken care of your family.	ਕਈ ਤਰ੍ਹਾਂ ਦੀਆਂ ਔਖਿਆਈਆਂ ਸਹਾਰ ਕੇ ਤੂੰ (ਸਾਰੀ ਉਮਰ) ਕੁਟੰਬ ਹੀ ਪਾਲਦਾ ਰਿਹਾ,
33827	792	ਮਰਤੀ ਬਾਰ ਇਕਸਰ ਦੁਖੁ ਪਾਇਆ॥੨॥	(ਇਕਸਰ)ਇਕ ਰਸ (੨. ਇਕ ਸਰ)	Marathee Baar Eikasar Dhukh Paaeiaa ||2||	But at the time of death, you shall have to endure the agony all alone. ||2||	ਪਰ ਮਰਨ ਵੇਲੇ ਤੈਨੂੰ ਇਕੱਲਿਆਂ ਹੀ (ਆਪਣੀਆਂ ਗ਼ਲਤੀਆਂ ਬਦਲੇ) ਦੁੱਖ ਸਹਾਰਨਾ ਪਿਆ (ਭਾਵ, ਪਏਗਾ) ॥੨॥

33828	792	ਕੰਠ ਗਹਨ ਤਬ ਕਰਨ ਪੁਕਾਰਾ॥	(ਗਹਨ)ਪਕੜ ਲਿਆ	Kanth Gehan Thab Karan Pukaaraa ||	When you are seized by the neck, then you shall cry out.	(ਜਦੋਂ ਜਮਾਂ ਨੇ ਤੈਨੂੰ) ਗਲੋਂ ਆ ਫੜਿਆ (ਭਾਵ, ਜਦੋਂ ਮੌਤ ਸਿਰ ਤੇ ਆ ਗਈ), ਤਦੋਂ ਰੋਣ ਪੁਕਾਰਨ (ਤੋਂ ਕੋਈ ਲਾਭ ਨਹੀਂ ਹੋਵੇਗਾ);
33829	792	ਕਹਿ ਕਬੀਰ ਆਗੇ ਤੇ ਨ ਸੰਮ੍ਹਾਰਾ॥੩॥੧॥		Kehi Kabeer Aagae Thae N Sanmhaaraa ||3||1||	Says Kabeer, why didn't you remember the Lord before this? ||3||1||	ਕਬੀਰ ਆਖਦਾ ਹੈ- (ਉਹ ਵੇਲਾ ਆਉਣ ਤੋਂ) ਪਹਿਲਾਂ ਹੀ ਕਿਉਂ ਤੂੰ ਪਰਮਾਤਮਾ ਨੂੰ ਯਾਦ ਨਹੀਂ ਕਰਦਾ? ॥੩॥੧॥
33830	792	ਸੂਹੀ ਕਬੀਰ ਜੀ॥		Soohee Kabeer Jee ||	Soohee, Kabeer Jee:	
33831	792	ਥਰਹਰ ਕੰਪੈ ਬਾਲਾ ਜੀਉ॥		Thharehar Kanpai Baalaa Jeeo ||	My innocent soul trembles and shakes.	(ਇਤਨੀ ਉਮਰ ਭਗਤੀ ਤੋਂ ਬਿਨਾ ਲੰਘ ਜਾਣ ਕਰਕੇ ਹੁਣ) ਮੇਰੀ ਅੰਞਾਣ ਜਿੰਦ ਬਹੁਤ ਸਹਿਮੀ ਹੋਈ ਹੈ,
33832	792	ਨਾ ਜਾਨਉ ਕਿਆ ਕਰਸੀ ਪੀਉ॥੧॥		Naa Jaano Kiaa Karasee Peeo ||1||	I do not know how my Husband Lord will deal with me. ||1||	ਕਿ ਪਤਾ ਨਹੀਂ ਪਤੀ ਪ੍ਰਭੂ (ਮੇਰੇ ਨਾਲ) ਕੀਹ ਸਲੂਕ ਕਰੇਗਾ ॥੧॥
33833	792	ਰੈਨਿ ਗਈ ਮਤ ਦਿਨੁ ਭੀ ਜਾਇ॥		Rain Gee Math Dhin Bhee Jaae ||	The night of my youth has passed away; will the day of old age also pass away?	(ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਹੀ ਮੇਰੀ) ਜੁਆਨੀ ਦੀ ਉਮਰ ਲੰਘ ਗਈ ਹੈ। (ਮੈਨੂੰ ਹੁਣ ਇਹ ਡਰ ਹੈ ਕਿ) ਕਿਤੇ (ਇਸੇ ਤਰ੍ਹਾਂ) ਬੁਢੇਪਾ ਭੀ ਨਾਹ ਲੰਘ ਜਾਏ।

33834	792	ਭਵਰ ਗਏ ਬਗ ਬੈਠੇ ਆਇ॥੧॥ਰਹਾਉ॥	ਬੱਗ	Bhavar Geae Bag Baithae Aae ||1|| Rehaao ||	My dark hairs, like bumble bees, have gone away, and grey hairs, like cranes, have settled upon my head. ||1||Pause||	(ਮੇਰੇ) ਕਾਲੇ ਕੇਸ ਚਲੇ ਗਏ ਹਨ (ਉਹਨਾਂ ਦੇ ਥਾਂ) ਧੌਲੇ ਆ ਗਏ ਹਨ ॥੧॥ ਰਹਾਉ ॥
33835	792	ਕਾਚੈ ਕਰਵੈ ਰਹੈ ਨ ਪਾਨੀ॥		Kaachai Karavai Rehai N Paanee ||	Water does not remain in the unbaked clay pot;	(ਹੁਣ ਤਕ ਬੇ-ਪਰਵਾਹੀ ਵਿਚ ਖ਼ਿਆਲ ਹੀ ਨਾਹ ਕੀਤਾ ਕਿ ਇਹ ਸਰੀਰ ਤਾਂ ਕੱਚੇ ਭਾਂਡੇ ਵਾਂਗ ਹੈ) ਕੱਚੇ ਕੁੱਜੇ ਵਿਚ ਪਾਣੀ ਟਿਕਿਆ ਨਹੀਂ ਰਹਿ ਸਕਦਾ।
33836	792	ਹੰਸੁ ਚਲਿਆ ਕਾਇਆ ਕੁਮਲਾਨੀ॥੨॥		Hans Chaliaa Kaaeiaa Kumalaanee ||2||	When the soul-swan departs, the body withers away. ||2||	(ਸੁਆਸ ਬੀਤਦੇ ਗਏ, ਹੁਣ) ਸਰੀਰ ਕੁਮਲਾ ਰਿਹਾ ਹੈ ਤੇ (ਜੀਵ-) ਭੌਰ ਉਡਾਰੀ ਮਾਰਨ ਨੂੰ ਤਿਆਰ ਹੈ (ਪਰ ਆਪਣਾ ਕੁੱਝ ਭੀ ਨਾਹ ਸਵਾਰਿਆ) ॥੨॥
33837	792	ਕੁਆਰ ਕੰਨਿਆ ਜੈਸੇ ਕਰਤ ਸੀਗਾਰਾ॥		Kuaar Kanniaa Jaisae Karath Seegaaraa ||	I decorate myself like a young virgin;	ਜਿਵੇਂ ਕੁਆਰੀ ਲੜਕੀ ਸ਼ਿੰਗਾਰ ਕਰਦੀ ਰਹੇ,

33838	792	ਕਿਉ ਰਲੀਆ ਮਾਨੈ ਬਾਝੁ ਭਤਾਰਾ॥੩॥		Kio Raleeaa Maanai Baajh Bhathaaraa ||3||	But how can I enjoy pleasures, without my Husband Lord? ||3||	ਪਤੀ ਮਿਲਣ ਤੋਂ ਬਿਨਾ (ਇਹਨਾਂ ਸ਼ਿੰਗਾਰਾਂ ਦਾ) ਉਸ ਨੂੰ ਕੋਈ ਅਨੰਦ ਨਹੀਂ ਆ ਸਕਦਾ, (ਤਿਵੇਂ ਮੈਂ ਭੀ ਸਾਰੀ ਉਮਰ ਨਿਰੇ ਸਰੀਰ ਦੀ ਖ਼ਾਤਰ ਹੀ ਆਹਰ-ਪਾਹਰ ਕੀਤੇ, ਪ੍ਰਭੂ ਨੂੰ ਵਿਸਾਰਨ ਕਰਕੇ ਕੋਈ ਆਤਮਕ ਸੁਖ ਨਾਹ ਮਿਲਿਆ) ॥੩॥
33839	792	ਕਾਗ ਉਡਾਵਤ ਭੁਜਾ ਪਿਰਾਨੀ॥		Kaag Ouddaavath Bhujaa Piraanee ||	My arm is tired, driving away the crows.	ਕਬੀਰ ਆਖਦਾ ਹੈ-(ਹੇ ਪਤੀ-ਪ੍ਰਭੂ! ਹੁਣ ਤਾਂ ਆ ਮਿਲ, ਤੇਰੀ ਉਡੀਕ ਵਿਚ) ਕਾਂ ਉਡਾਂਦਿਆਂ ਮੇਰੀ ਬਾਂਹ ਭੀ ਥੱਕ ਗਈ ਹੈ,
33840	792	ਕਹਿ ਕਬੀਰ ਇਹ ਕਥਾ ਸਿਰਾਨੀ॥੪॥੨॥		Kehi Kabeer Eih Kathhaa Siraanee ||4||2||	Says Kabeer, this is the way the story of my life ends. ||4||2||	(ਤੇ ਉਧਰੋਂ ਮੇਰੀ ਉਮਰ ਦੀ) ਕਹਾਣੀ ਹੀ ਮੁੱਕਣ ਤੇ ਆ ਗਈ ਹੈ ॥੪॥੨॥
33841	792	ਸੂਹੀ ਕਬੀਰ ਜੀਉ॥		Soohee Kabeer Jeeo ||	Soohee, Kabeer Jee:	
33842	792	ਅਮਲੁ ਸਿਰਾਨੋ ਲੇਖਾ ਦੇਨਾ॥	(ਅਮਲੁ) ਮੰਦਕਰਮਾਂ। (ਸਿਰਾਨੋ) ਬੀਤੇ। ਸਿਰਾਨੋ:ਪੋਲਾ ਮਿਲਵਾਂ ਬੋਲਣਾ	Amal Siraano Laekhaa Dhaenaa ||	Your time of service is at its end, and you will have to give your account.	(ਹੇ ਜੀਵ! ਜਗਤ ਵਿਚ) ਮੁਲਾਜ਼ਮਤ ਦਾ ਸਮਾ (ਭਾਵ, ਉਮਰ ਦਾ ਨਿਯਤ ਸਮਾ) ਲੰਘ ਗਿਆ ਹੈ, (ਇੱਥੇ ਜੇ ਕੁਝ ਕਰਦਾ ਰਿਹਾ ਹੈਂ) ਉਸ ਦਾ ਹਿਸਾਬ ਦੇਣਾ ਪਏਗਾ;

33843	792	ਆਏ ਕਠਿਨ ਦੂਤਜਮ ਲੇਨਾ॥		Aaeae Kathin Dhooth Jam Laenaa ||	The hard-hearted Messenger of Death has come to take you away.	ਕਰੜੇ ਜਮ-ਦੂਤ ਲੈਣ ਆ ਗਏ ਹਨ।
33844	792	ਕਿਆ ਤੈ ਖਟਿਆ ਕਹਾ ਗਵਾਇਆ॥		Kiaa Thai Khattiaa Kehaa Gavaaeiaa ||	What have you earned, and what have you lost?	(ਉਹ ਆਖਣਗੇ-) ਇੱਥੇ ਰਹਿ ਕੇ ਤੂੰ ਕੀਹ ਖੱਟੀ ਖੱਟੀ ਹੈ, ਤੇ ਕਿੱਥੇ ਗਵਾਇਆ ਹੈ?
33845	792	ਚਲਹੁ ਸਿਤਾਬ ਦੀਬਾਨਿ ਬੁਲਾਇਆ॥੧॥	ਰਾਮਜੀ ਦੀ (ਦੀਬਾਨਿ) ਕਚਹਿਰੀ ਚ	Chalahu Sithaab Dheebaan Bulaaeiaa ||1||	Come immediately! You are summoned to His Court! ||1||	ਛੇਤੀ ਚੱਲ, ਧਰਮਰਾਜ ਨੇ ਸੱਦਿਆ ਹੈ ॥੧॥
33846	792	ਚਲੁ ਦਰਹਾਲੁ ਦੀਵਾਨਿ ਬੁਲਾਇਆ॥	(ਦਰ-ਹਾਲ) ਸ਼ੀਘਰ	Chal Dharehaal Dheevaan Bulaaeiaa ||	Get going! Come just as you are! You have been summoned to His Court.	ਛੇਤੀ ਚੱਲ, ਧਰਮ-ਰਾਜ ਨੇ ਸੱਦਿਆ ਹੈ;
33847	792	ਹਰਿ ਫੁਰਮਾਨੁ ਦਰਗਹ ਕਾ ਆਇਆ॥੧॥ਰਹਾਉ ॥		Har Furamaan Dharageh Kaa Aaeiaa ||1|| Rehaao ||	The Order has come from the Court of the Lord. ||1||Pause||	ਪ੍ਰਭੂ ਦੀ ਦਰਗਾਹ ਦਾ ਹੁਕਮ ਆਇਆ ਹੈ ॥੧॥ ਰਹਾਉ ॥
33848	792	ਕਰਉ ਅਰਦਾਸਿ ਗਾਵ ਕਿਛੁ ਬਾਕੀ॥		Karo Aradhaas Gaav Kishh Baakee ||	I pray to the Messenger of Death: please, I still have some outstanding debts to collect in the village.	ਮੈਂ ਬੇਨਤੀ ਕਰਦਾ ਹਾਂ ਕਿ ਕੁਝ ਪਿੰਡ ਦਾ ਹਿਸਾਬ-ਕਿਤਾਬ ਰਹਿ ਗਿਆ ਹੈ,

33849	792	ਲੇਉ ਨਿਬੇਰਿ ਆਜੁ ਕੀ ਰਾਤੀ॥		Laeo Nibaer Aaj Kee Raathee ||	I will collect them tonight;	(ਜੇ ਆਗਿਆ ਦੇਵੋ) ਤਾਂ ਮੈਂ ਅੱਜ ਰਾਤ ਹੀ ਉਹ ਹਿਸਾਬ ਮੁਕਾ ਲਵਾਂਗਾ,
33850	792	ਕਿਛੁ ਭੀ ਖਰਚੁ ਤੁਮ੍ਹਾਰਾ ਸਾਰਉ॥		Kishh Bhee Kharach Thumhaaraa Saaro ||	I will also pay you something for your expenses,	ਕੁਝ ਤੁਹਾਡੇ ਲਈ ਭੀ ਖ਼ਰਚ ਦਾ ਪ੍ਰਬੰਧ ਕਰ ਲਵਾਂਗਾ,
33851	792	ਸੁਬਹ ਨਿਵਾਜ ਸਰਾਇ ਗੁਜਾਰਉ॥੨॥		Subeh Nivaaj Saraae Gujaaro ||2||	And I will recite my morning prayers on the way. ||2||	ਤੇ ਸਵੇਰ ਦੀ ਨਿਮਾਜ਼ ਰਾਹ ਵਿਚ ਪੜ੍ਹ ਲਵਾਂਗਾ (ਭਾਵ, ਬਹੁਤ ਸਵਖਤੇ ਹੀ ਤੁਹਾਡੇ ਨਾਲ ਤੁਰ ਪਵਾਂਗਾ) ॥੨॥
33852	792	ਸਾਧਸੰਗਿ ਜਾ ਕਉ ਹਰਿ ਰੰਗੁ ਲਾਗਾ॥		Saadhhasang Jaa Ko Har Rang Laagaa ||	Blessed, blessed is the most fortunate servant of the Lord,	ਜਿਸ ਮਨੁੱਖ ਨੂੰ ਸਤਸੰਗ ਵਿਚ ਰਹਿ ਕੇ ਪ੍ਰਭੂ ਦਾ ਪਿਆਰ ਪ੍ਰਾਪਤ ਹੁੰਦਾ ਹੈ,
33853	792	ਧਨੁ ਧਨੁ ਸੋ ਜਨੁ ਪੁਰਖੁ ਸਭਾਗਾ॥		Dhhan Dhhan So Jan Purakh Sabhaagaa ||	Who is imbued with the Lord's Love, in the Saadh Sangat, the Company of the Holy.	ਉਹ ਮਨੁੱਖ ਧੰਨ ਹੈ, ਭਾਗਾਂ ਵਾਲਾ ਹੈ।
33854	792	ਈਤ ਊਤ ਜਨ ਸਦਾ ਸੁਹੇਲੇ॥		Eeth Ooth Jan Sadhaa Suhaelae ||	Here and there, the humble servants of the Lord are always happy.	ਪ੍ਰਭੂ ਦੇ ਸੇਵਕ ਲੋਕ ਪਰਲੋਕ ਵਿਚ ਸੌਖੇ ਰਹਿੰਦੇ ਹਨ,
33855	792	ਜਨਮੁ ਪਦਾਰਥੁ ਜੀਤਿ ਅਮੋਲੇ॥੩॥		Janam Padhaarathh Jeeth Amolae ||3||	They win the priceless treasure of this human life. ||3||	ਕਿਉਂਕਿ ਉਹ ਇਸ ਅਮੋਲਕ ਜਨਮ-ਰੂਪ ਕੀਮਤੀ ਸ਼ੈ ਨੂੰ ਜਿੱਤ ਲੈਂਦੇ ਹਨ ॥੩॥

33856	792	ਜਾਗਤੁ ਸੋਇਆ ਜਨਮੁ ਗਵਾਇਆ॥		Jaagath Soeiaa Janam Gavaaeiaa ||	When he is awake, he is sleeping, and so he loses this life.	ਜੋ ਮਨੁੱਖ ਜਾਗਦਾ ਹੀ (ਮਾਇਆ ਦੀ ਨੀਂਦ ਵਿਚ) ਸੁੱਤਾ ਰਹਿੰਦਾ ਹੈ, ਉਹ ਮਨੁੱਖਾ ਜੀਵਨ ਅਜਾਈਂ ਗਵਾ ਲੈਂਦਾ ਹੈ;
33857	792	ਮਾਲੁ ਧਨੁ ਜੋਰਿਆ ਭਇਆ ਪਰਾਇਆ॥		Maal Dhhan Joriaa Bhaeiaa Paraaeiaa ||	The property and wealth he has accumulated passes on to someone else.	(ਕਿਉਂਕਿ) ਉਸ ਦਾ ਸਾਰਾ ਮਾਲ ਧਨ ਇਕੱਠਾ ਕੀਤਾ ਹੋਇਆ (ਤਾਂ ਆਖ਼ਰ) ਬਿਗਾਨਾ ਹੋ ਜਾਂਦਾ ਹੈ।
33858	792	ਕਹੁ ਕਬੀਰ ਤੇਈ ਨਰ ਭੂਲੇ॥		Kahu Kabeer Thaeee Nar Bhoolae ||	Says Kabeer, those people are deluded,	ਕਬੀਰ ਆਖਦਾ ਹੈ- ਉਹ ਮਨੁੱਖ ਖੁੰਝ ਗਏ ਹਨ,
33859	792	ਖਸਮੁ ਬਿਸਾਰਿ ਮਾਟੀ ਸੰਗਿ ਰੂਲੇ॥੪॥੩॥		Khasam Bisaar Maattee Sang Roolae ||4||3||	Who forget their Lord and Master, and roll in the dust. ||4||3||	ਉਹ ਮਿੱਟੀ ਵਿਚ ਹੀ ਰੁਲ ਗਏ ਹਨ ਜਿਨ੍ਹਾਂ ਨੇ ਪਰਮਾਤਮਾ-ਪਤੀ ਨੂੰ ਵਿਸਾਰਿਆ ॥੪॥੩॥
33860	793	ਸੂਹੀ ਕਬੀਰ ਜੀਉ ਲਲਿਤ॥		Soohee Kabeer Jeeo Lalith ||	Soohee, Kabeer Jee, Lallit:	
33861	793	ਥਾਕੇ ਨੈਨ ਸ੍ਰਵਨ ਸੁਨਿ ਥਾਕੇ ਥਾਕੀ ਸੁੰਦਰਿ ਕਾਇਆ॥		Thhaakae Nain Sravan Sun Thhaakae Thhaakee Sundhar Kaaeiaa ||	My eyes are exhausted, and my ears are tired of hearing; my beautiful body is exhausted.	(ਤੇਰੀਆਂ) ਅੱਖਾਂ ਕਮਜ਼ੋਰ ਹੋ ਚੁਕੀਆਂ ਹਨ, ਕੰਨ ਭੀ (ਹੁਣ) ਸੁਣਨੋਂ ਰਹਿ ਗਏ ਹਨ, ਸੁਹਣਾ ਸਰੀਰ (ਭੀ) ਰਹਿ ਗਿਆ ਹੈ;

33862	793	ਜਰਾ ਹਾਕਦੀ ਸਭ ਮਤਿ ਥਾਕੀ ਏਕ ਨ ਥਾਕਸਿ ਮਾਇਆ॥੧॥	(ਹਾਕਦੀ)ਭਜਾਉਂਦੀ। ਥੱਾਕੀ	Jaraa Haak Dhee Sabh Math Thhaakee Eaek N Thhaakas Maaeiaa ||1||	Driven forward by old age, all my senses are exhausted; only my attachment to Maya is not exhausted. ||1||	ਬੁਢੇਪੇ ਨੇ ਆ ਸੱਦ ਮਾਰੀ ਹੈ ਤੇ (ਤੇਰੀ) ਸਾਰੀ ਅਕਲ ਭੀ (ਠੀਕ) ਕੰਮ ਨਹੀਂ ਕਰਦੀ, ਪਰ (ਤੇਰੀ) ਮਾਇਆ ਦੀ ਖਿੱਚ (ਅਜੇ ਤਕ) ਨਹੀਂ ਮੁੱਕੀ ॥੧॥
33863	793	ਬਾਵਰੇ ਤੈ ਗਿਆਨ ਬੀਚਾਰੁ ਨ ਪਾਇਆ॥		Baavarae Thai Giaan Beechaar N Paaeiaa ||	O mad man, you have not obtained spiritual wisdom and meditation.	ਹੇ ਕਮਲੇ ਮਨੁੱਖ! ਤੂੰ (ਪਰਮਾਤਮਾ ਨਾਲ) ਜਾਣ-ਪਛਾਣ (ਕਰਨ) ਦੀ ਸੂਝ ਪ੍ਰਾਪਤ ਨਹੀਂ ਕੀਤੀ।
33864	793	ਬਿਰਥਾ ਜਨਮੁ ਗਵਾਇਆ॥੧॥ਰਹਾਉ॥		Birathhaa Janam Gavaaeiaa ||1|| Rehaao ||	You have wasted this human life, and lost. ||1||Pause||	ਤੂੰ ਸਾਰੀ ਉਮਰ ਵਿਅਰਥ ਗਵਾ ਲਈ ਹੈ ॥੧॥ ਰਹਾਉ ॥
33865	793	ਤਬ ਲਗੁ ਪ੍ਰਾਨੀ ਤਿਸੈ ਸਰੇਵਹੁ ਜਬ ਲਗੁ ਘਟ ਮਹਿ ਸਾਸਾ॥		Thab Lag Praanee Thisai Saraevahu Jab Lag Ghatt Mehi Saasaa ||	O mortal, serve the Lord, as long as the breath of life remains in the body.	ਹੇ ਬੰਦੇ! ਜਦੋਂ ਤਕ ਸਰੀਰ ਵਿਚ ਪ੍ਰਾਣ ਚੱਲ ਰਹੇ ਹਨ, ਉਤਨਾ ਚਿਰ ਉਸ ਪ੍ਰਭੂ ਨੂੰ ਹੀ ਸਿਮਰਦੇ ਰਹੋ।
33866	793	ਜੇ ਘਟੁ ਜਾਇ ਤ ਭਾਉ ਨ ਜਾਸੀ ਹਰਿ ਕੇ ਚਰਨ ਨਿਵਾਸਾ॥੨॥		Jae Ghatt Jaae Th Bhaao N Jaasee Har Kae Charan Nivaasaa ||2||	And even when your body dies, your love for the Lord shall not die; you shall dwell at the Feet of the Lord. ||2||	(ਉਸ ਨਾਲ ਇਤਨਾ ਪਿਆਰ ਬਣਾਓ ਕਿ) ਜੇ ਸਰੀਰ (ਭੀ) ਨਾਸ ਹੋ ਜਾਏ, ਤਾਂ ਭੀ (ਉਸ ਨਾਲ) ਪਿਆਰ ਨਾਹ ਘਟੇ, ਤੇ ਪ੍ਰਭੂ ਦੇ ਚਰਨਾਂ ਵਿਚ ਮਨ ਟਿਕਿਆ ਰਹੇ ॥੨॥

33867	793	ਜਿਸ ਕਉ ਸਬਦੁ ਬਸਾਵੈ ਅੰਤਰਿ ਚੂਕੈ ਤਿਸਹਿ ਪਿਆਸਾ॥		Jis Ko Sabadh Basaavai Anthar Chookai Thisehi Piaasaa ||	When the Word of the Shabad abides deep within, thirst and desire are quenched.	(ਪ੍ਰਭੂ ਆਪ) ਜਿਸ ਮਨੁੱਖ ਦੇ ਮਨ ਵਿਚ ਆਪਣੀ ਸਿਫ਼ਤਿ-ਸਾਲਾਹ ਦੀ ਬਾਣੀ ਵਸਾਉਂਦਾ ਹੈ, ਉਸ ਦੀ (ਮਾਇਆ ਦੀ) ਤ੍ਰਿਹ ਮਿਟ ਜਾਂਦੀ ਹੈ।
33868	793	ਹੁਕਮੈ ਬੂਝੈ ਚਉਪੜਿ ਖੇਲੈ ਮਨੁ ਜਿਣਿ ਢਾਲੇ ਪਾਸਾ॥੩॥		Hukamai Boojhai Chouparr Khaelai Man Jin Dtaalae Paasaa ||3||	When one understands the Hukam of the Lord's Command, he plays the game of chess with the Lord; throwing the dice, he conquers his own mind. ||3||	ਉਹ ਮਨੁੱਖ ਪ੍ਰਭੂ ਦੀ ਰਜ਼ਾ ਨੂੰ ਸਮਝ ਲੈਂਦਾ ਹੈ (ਰਜ਼ਾ ਵਿਚ ਰਾਜ਼ੀ ਰਹਿਣ ਦਾ) ਚੌਪੜ ਉਹ ਖੇਡਦਾ ਹੈ, ਤੇ ਮਨ ਨੂੰ ਜਿੱਤ ਕੇ ਪਾਸਾ ਸੁੱਟਦਾ ਹੈ (ਭਾਵ, ਮਨ ਨੂੰ ਜਿੱਤਣਾ-ਇਹ ਉਸ ਲਈ ਚੌਪੜ ਦੀ ਖੇਡ ਵਿਚ ਪਾਸਾ ਸੁੱਟਣਾ ਹੈ) ॥੩॥
33869	793	ਜੋ ਜਨ ਜਾਨਿ ਭਜਹਿ ਅਬਿਗਤ ਕਉ ਤਿਨ ਕਾ ਕਛੂ ਨ ਨਾਸਾ॥	(ਅਬਿ-ਗਤ)ਪ੍ਰਮੇਸ਼ਰ	Jo Jan Jaan Bhajehi Abigath Ko Thin Kaa Kashhoo N Naasaa ||	Those humble beings, who know the Imperishable Lord and meditate on Him, are not destroyed at all.	ਜੋ ਮਨੁੱਖ ਪ੍ਰਭੂ ਨਾਲ ਸਾਂਝ ਬਣਾ ਕੇ ਉਸ ਅਦ੍ਰਿਸ਼ਟ ਨੂੰ ਸਿਮਰਦੇ ਹਨ, ਉਹਨਾਂ ਦਾ ਜੀਵਨ ਅਜਾਈਂ ਨਹੀਂ ਜਾਂਦਾ।
33870	793	ਕਹੁ ਕਬੀਰ ਤੇ ਜਨ ਕਬਹੁ ਨ ਹਾਰਹਿ ਢਾਲਿ ਜੁ ਜਾਨਹਿ ਪਾਸਾ॥੪॥੪॥		Kahu Kabeer Thae Jan Kabahu N Haarehi Dtaal J Jaanehi Paasaa ||4||4||	Says Kabeer, those humble beings who know how to throw these dice, never lose the game of life. ||4||4||	ਕਬੀਰ ਆਖਦਾ ਹੈ- ਜੋ ਮਨੁੱਖ (ਸਿਮਰਨ-ਰੂਪ) ਪਾਸਾ ਸੁੱਟਣਾ ਜਾਣਦੇ ਹਨ, ਉਹ ਜ਼ਿੰਦਗੀ ਦੀ ਬਾਜ਼ੀ ਕਦੇ ਹਾਰ ਕੇ ਨਹੀਂ ਜਾਂਦੇ ॥੪॥੪॥

33871	793	ਸੂਹੀ ਲਲਿਤ ਕਬੀਰ ਜੀਉ॥	ਹਾਲ਼ਾ:ਪੋਲ਼ਾ ਬੋਲੋ	Soohee Lalith Kabeer Jeeo ||	Soohee, Lalit, Kabeer Jee:	
33872	793	ਏਕੁ ਕੋਟੁ ਪੰਚ ਸਿਕਦਾਰਾ ਪੰਚੇ ਮਾਗਹਿ ਹਾਲਾ॥		Eaek Kott Panch Sikadhaaraa Panchae Maagehi Haalaa ||	In the one fortress of the body, there are five rulers, and all five demand payment of taxes.	(ਮਨੁੱਖ ਦਾ ਇਹ ਸਰੀਰ, ਮਾਨੋ,) ਇਕ ਕਿਲ੍ਹਾ ਹੈ, (ਇਸ ਵਿਚ) ਪੰਜ (ਕਾਮਾਦਿਕ) ਚੌਧਰੀ (ਵੱਸਦੇ ਹਨ), ਪੰਜੇ ਹੀ (ਇਸ ਮਨੁੱਖ ਪਾਸੋਂ) ਮਾਮਲਾ ਮੰਗਦੇ ਹਨ (ਭਾਵ, ਇਹ ਪੰਜੇ ਵਿਕਾਰ ਇਸ ਨੂੰ ਖ਼ੁਆਰ ਕਰਦੇ ਫਿਰਦੇ ਹਨ)।
33873	793	ਜਿਮੀ ਨਾਹੀ ਮੈ ਕਿਸੀ ਕੀ ਬੋਈ ਐਸਾ ਦੇਨੁ ਦੁਖਾਲਾ॥੧॥		Jimee Naahee Mai Kisee Kee Boee Aisaa Dhaen Dhukhaalaa ||1||	I have not farmed anyone's land, so such payment is difficult for me to pay. ||1||	(ਪਰ ਆਪਣੇ ਸਤਿਗੁਰੂ ਦੀ ਕਿਰਪਾ ਨਾਲ) ਮੈਂ (ਇਹਨਾਂ ਪੰਜਾਂ ਵਿਚੋਂ) ਕਿਸੇ ਦਾ ਭੀ ਮੁਜ਼ਾਰਿਆ ਨਹੀਂ ਬਣਿਆ (ਭਾਵ, ਮੈਂ ਕਿਸੇ ਦੇ ਭੀ ਦਬਾ ਵਿਚ ਨਹੀਂ ਆਇਆ), ਇਸ ਵਾਸਤੇ ਕਿਸੇ ਦਾ ਮਾਮਲਾ ਭਰਨਾ ਮੇਰੇ ਲਈ ਔਖਾ ਹੈ (ਭਾਵ, ਇਹਨਾਂ ਵਿਚੋਂ ਕੋਈ ਵਿਕਾਰ ਮੈਨੂੰ ਕੁਰਾਹੇ ਨਹੀਂ ਪਾ ਸਕਿਆ) ॥੧॥

33874	793	ਹਰਿ ਕੇ ਲੋਗਾ ਮੋਕਉ ਨੀਤਿ ਡਸੈ ਪਟਵਾਰੀ॥	ਡੱਸੈ	Har Kae Logaa Mo Ko Neeth Ddasai Pattavaaree ||	O people of the Lord, the tax-collector is constantly torturing me!	ਹੇ ਸੰਤ ਜਨੋ! ਮੈਨੂੰ ਮਾਮਲੇ ਦਾ ਹਿਸਾਬ ਬਣਾਉਣ ਵਾਲੇ ਦਾ ਹਰ ਵੇਲੇ ਸਹਿਮ ਰਹਿੰਦਾ ਹੈ (ਭਾਵ, ਮੈਨੂੰ ਹਰ ਵੇਲੇ ਡਰ ਰਹਿੰਦਾ ਹੈ ਕਿ ਕਾਮਾਦਿਕ ਵਿਕਾਰਾਂ ਦਾ ਕਿਤੇ ਜ਼ੋਰ ਪੈ ਕੇ ਮੇਰੇ ਅੰਦਰ ਭੀ ਕੁਕਰਮਾਂ ਦਾ ਲੇਖਾ ਨਾਹ ਬਣਨ ਲੱਗ ਪਏ)।
33875	793	ਊਪਰਿ ਭੁਜਾ ਕਰਿ ਮੈ ਗੁਰ ਪਹਿ ਪੁਕਾਰਿਆ ਤਿਨਿ ਹਉ ਲੀਆ ਉਬਾਰੀ॥੧॥ਰਹਾਉ॥		Oopar Bhujaa Kar Mai Gur Pehi Pukaariaa Thin Ho Leeaa Oubaaree ||1|| Rehaao ||	Raising my arms up, I complained to my Guru, and He has saved me. ||1||Pause||	ਸੋ ਮੈਂ ਆਪਣੀ ਬਾਂਹ ਉੱਚੀ ਕਰ ਕੇ (ਆਪਣੇ) ਗੁਰੂ ਅੱਗੇ ਪੁਕਾਰ ਕੀਤੀ ਤੇ ਉਸ ਨੇ ਮੈਨੂੰ (ਇਹਨਾਂ ਤੋਂ) ਬਚਾ ਲਿਆ ॥੧॥ ਰਹਾਉ ॥

33876	793	ਨਉ ਡਾਡੀ ਦਸ ਮੁੰਸਫ ਧਾਵਹਿ ਰਈਅਤਿ ਬਸਨ ਨ ਦੇਹੀ॥	ਹਉਮੈ ਰੂਪੀ ਜਰੀਬ ਨਾਲ ਮਿਣਤੀ ਕਰਨ ਵਾਲੇ ਨੌਂ ਡਾਡੀ ਇਹ ਹਨ:- ਈਰਖਾ,ਚੋਰੀ,ਯਾਰੀ,ਸੁਆਦ, ਨਿੰਦਾ, ਪਰ ਘਰ ਜਾਣਾ, ਪਰਾਇਆ ਹੱਕ, ਵੈਰ ਪਰਾਇਆ ਰੂਪ ਦੇਖਣ, ਵਿਕਾਰ ਆਦਿ। ਨਿਆਇ ਕਰਨ ਵਾਲ਼ੇ ਮੁੰਸਫ਼ ਇਹ ਹਨ:- ਹੰਕਾਰ, ਕੁਸੰਗਤ, ਫਿੱਕਾ ਬੋਲਣ, ਜ਼ਿਆਦਾ ਖਾਣ ਸੌਣ,ਅਪਣੀ ਵਡਿਆਈ ਆਪ ਕਰਨ ਕਰੌਣ, ਜ਼ੁਲਮ, ਕਪਟ, ਲੂਣਹਰਾਮੀ, ਬੇਮੁਖ ਹੋਣਾ ਆਦਿ। ਸ਼ੁਭ ਗੁਣਾਂ ਰੂਪ ਰਈ-ਅਤਿ ਪਰਜਾ। ਦਸ: ਪੋਲਾ ਬੋਲੋ	No Ddaaddee Dhas Munsaf Dhhaavehi Reeath Basan N Dhaehee ||	The nine tax-assessors and the ten magistrates go out; they do not allow their subjects to live in peace.	(ਮਨੁੱਖਾ-ਸਰੀਰ ਦੇ) ਨੈ (ਸੋਤਰ-) ਜਰੀਬ ਕਸ਼ ਤੇ ਦਸ (ਇੰਦ੍ਰੇ) ਨਿਆਂ ਕਰਨ ਵਾਲੇ (ਮਨੁੱਖ ਦੇ ਜੀਵਨ ਉੱਤੇ ਇਤਨੇ) ਹੱਲਾ ਕਰ ਕੇ ਪੈਂਦੇ ਹਨ ਕਿ (ਮਨੁੱਖ ਦੇ ਅੰਦਰ ਭਲੇ ਗੁਣਾਂ ਦੀ) ਪਰਜਾ ਨੂੰ ਵੱਸਣ ਨਹੀਂ ਦੇਂਦੇ।

33877	793	ਡੋਰੀ ਪੂਰੀ ਮਾਪਹਿ ਨਾਹੀ ਬਹੁ ਬਿਸਟਾਲਾ ਲੇਹੀ॥੨॥	(ਬਿਸਟਾਲਾ)ਵੱਢੀ। ਬਿਸਟੱਾਲਾ	Ddoree Pooree Maapehi Naahee Bahu Bisattaalaa Laehee ||2||	They do not measure with a full tape, and they take huge amounts in bribes. ||2||	(ਇਹ ਜਰੀਬ-ਕਸ਼) ਜਰੀਬ ਪੂਰੀ ਨਹੀਂ ਮਾਪਦੇ, ਵਧੀਕ ਵੱਢੀ ਲੈਂਦੇ ਹਨ (ਭਾਵ ਮਨੁੱਖ ਨੂੰ ਵਿਤੋਂ ਵਧੀਕ ਵਿਸ਼ਿਆਂ ਵਿਚ ਫਸਾਉਂਦੇ ਹਨ, ਜਾਇਜ਼ ਹੱਦ ਤੋਂ ਵਧੀਕ ਕਾਮ ਆਦਿਕ ਵਿਚ ਫਸਾ ਦੇਂਦੇ ਹਨ) ॥੨॥
33878	793	ਬਹਤਰਿ ਘਰ ਇਕੁ ਪੁਰਖੁ ਸਮਾਇਆ ਉਨਿ ਦੀਆ ਨਾਮੁ ਲਿਖਾਈ॥	(ਬਹੱਤਰਿ)ਬਹੱਤ੍ਰ ਕੋਠੀਆਂ ਵਾਲਾ ਘਰਸ੍ਰੀਰ	Behathar Ghar Eik Purakh Samaaeiaa Oun Dheeaa Naam Likhaaee ||	The One Lord is contained in the seventy-two chambers of the body, and He has written off my account.	(ਮੈਂ ਆਪਣੇ ਗੁਰੂ ਅੱਗੇ ਪੁਕਾਰ ਕੀਤੀ ਤਾਂ) ਉਸ ਨੇ ਮੈਨੂੰ (ਉਸ ਪਰਮਾਤਮਾ ਦਾ) ਨਾਮ ਰਾਹਦਾਰੀ ਵਜੋਂ ਲਿਖ ਦਿੱਤਾ, ਜੋ ਬਹੱਤਰ-ਘਰੀ ਸਰੀਰ ਦੇ ਅੰਦਰ ਹੀ ਮੌਜੂਦ ਹੈ।
33879	793	ਧਰਮਰਾਇ ਕਾ ਦਫਤਰੁ ਸੋਧਿਆ ਬਾਕੀ ਰਿਜਮ ਨ ਕਾਈ॥੩॥	(ਸੋਧਿਆ)ਦੇਖਿਆ। (ਰਿਜਮ) ਰੱਤੀ ਮਾਤ੍ਰ ਭੀ। ਸੋੱਧਿਆ	Dhharam Raae Kaa Dhafathar Sodhhiaa Baakee Rijam N Kaaee ||3||	The records of the Righteous Judge of Dharma have been searched, and I owe absolutely nothing. ||3||	(ਸਤਿਗੁਰੂ ਦੀ ਇਸ ਮਿਹਰ ਦਾ ਸਦਕਾ ਜਦੋਂ) ਧਰਮਰਾਜ ਦੇ ਦਫ਼ਤਰ ਦੀ ਪੜਤਾਲ ਕੀਤੀ ਤਾਂ ਮੇਰੇ ਜ਼ਿੰਮੇ ਰਤਾ ਭੀ ਦੇਣਾ ਨਾਹ ਨਿਕਲਿਆ (ਭਾਵ, ਗੁਰੂ ਦੀ ਕਿਰਪਾ ਨਾਲ ਮੇਰੇ ਅੰਦਰੋਂ ਕੁਕਰਮਾਂ ਦਾ ਲੇਖਾ ਉੱਕਾ ਹੀ ਮੁੱਕ ਗਿਆ) ॥੩॥
33880	793	ਸੰਤਾ ਕਉ ਮਤਿ ਕੋਈ ਨਿੰਦਹੁ ਸੰਤ ਰਾਮੁ ਹੈ ਏਕੋ॥		Santhaa Ko Math Koee Nindhahu Santh Raam Hai Eaekuo ||	Let no one slander the Saints, because the Saints and the Lord are as one.	(ਸੋ, ਹੇ ਭਾਈ! ਇਹ ਬਰਕਤਿ ਸੰਤ ਜਨਾਂ ਦੀ ਸੰਗਤ ਦੀ ਹੈ) ਤੁਸੀ ਕੋਈ ਧਿਰ ਸੰਤਾਂ ਦੀ ਕਦੇ ਨਿੰਦਿਆ ਨਾਹ ਕਰਿਓ, ਸੰਤ ਤੇ ਪਰਮਾਤਮਾ ਇੱਕ-ਰੂਪ ਹਨ।

33881	793	ਕਹੁ ਕਬੀਰ ਮੈ ਸੋ ਗੁਰੁ ਪਾਇਆ ਜਾ ਕਾ ਨਾਉ ਬਿਬੇਕੁੋ॥੪॥੫॥		Kahu Kabeer Mai So Gur Paaeiaa Jaa Kaa Naao Bibaekuo ||4||5||	Says Kabeer, I have found that Guru, whose Name is Clear Understanding. ||4||5||	ਕਬੀਰ ਆਖਦਾ ਹੈ- ਮੈਨੂੰ ਭੀ ਉਹੀ ਗੁਰੂ-ਸੰਤ ਹੀ ਮਿਲਿਆ ਹੈ ਜੋ ਪੂਰਨ ਗਿਆਨਵਾਨ ਹੈ ॥੪॥੫॥
33882	793	ਰਾਗੁ ਸੂਹੀ ਬਾਣੀ ਸ੍ਰੀ ਰਵਿਦਾਸ ਜੀਉ ਕੀ		Raag Soohee Baanee Sree Ravidhaas Jeeo Kee	Raag Soohee, The Word Of Sree Ravi Daas Jee:	ਰਾਗ ਸੂਹੀ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ।
33883	793	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
33884	793	ਸਹ ਕੀ ਸਾਰ ਸੁਹਾਗਨਿ ਜਾਨੈ॥		Seh Kee Saar Suhaagan Jaanai ||	The happy soul-bride knows the worth of her Husband Lord.	ਖਸਮ-ਪ੍ਰਭੂ (ਦੇ ਮਿਲਾਪ) ਦੀ ਕਦਰ ਖਸਮ ਨਾਲ ਪਿਆਰ ਕਰਨ ਵਾਲੀ ਹੀ ਜਾਣਦੀ ਹੈ।
33885	793	ਤਜਿ ਅਭਿਮਾਨੁ ਸੁਖ ਰਲੀਆ ਮਾਨੈ॥		Thaj Abhimaan Sukh Raleeaa Maanai ||	Renouncing pride, she enjoys peace and pleasure.	ਉਹ ਅਹੰਕਾਰ ਛੱਡ ਕੇ (ਪ੍ਰਭੂ-ਚਰਨਾਂ ਵਿਚ ਜੁੜ ਕੇ ਉਸ ਮਿਲਾਪ ਦਾ) ਸੁਖ-ਆਨੰਦ ਮਾਣਦੀ ਹੈ।
33886	793	ਤਨੁ ਮਨੁ ਦੇਇ ਨ ਅੰਤਰੁ ਰਾਖੈ॥		Than Man Dhaee N Anthar Raakhai ||	She surrenders her body and mind to Him, and does not remain separate from Him.	ਆਪਣਾ ਤਨ ਮਨ ਖਸਮ-ਪ੍ਰਭੂ ਦੇ ਹਵਾਲੇ ਕਰ ਦੇਂਦੀ ਹੈ, ਪ੍ਰਭੂ-ਪਤੀ ਨਾਲੋਂ (ਕੋਈ) ਵਿੱਥ ਨਹੀਂ ਰੱਖਦੀ।

33887	793	ਅਵਰਾ ਦੇਖਿ ਨ ਸੁਨੈ ਅਭਾਖੈ॥੧॥		Avaraa Dhaekh N Sunai Abhaakhai ||1||	She does not see or hear, or speak to another. ||1||	ਨਾਂਹ ਕਿਸੇ ਹੋਰ ਦਾ ਆਸਰਾ ਤੱਕਦੀ ਹੈ, ਤੇ ਨਾਹ ਕਿਸੇ ਦੀ ਮੰਦ ਪ੍ਰੇਰਨਾ ਸੁਣਦੀ ਹੈ ॥੧॥
33888	793	ਸੋ ਕਤ ਜਾਨੈ ਪੀਰ ਪਰਾਈ॥		So Kath Jaanai Peer Paraaee ||	How can anyone know the pain of another,	ਉਹ ਹੋਰਨਾਂ (ਗੁਰਮੁਖਿ ਸੁਹਾਗਣਾਂ) ਦੇ ਦਿਲ ਦੀ (ਇਹ) ਪੀੜ ਕਿਵੇਂ ਸਮਝ ਸਕਦੀ ਹੈ?
33889	793	ਜਾ ਕੈ ਅੰਤਰਿ ਦਰਦੁ ਨ ਪਾਈ॥੧॥ਰਹਾਉ॥		Jaa Kai Anthar Dharadh N Paaee ||1|| Rehaao ||	If there is no compassion and sympathy within? ||1||Pause||	ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਪ੍ਰਭੂ ਤੋਂ ਵਿਛੋੜੇ ਦਾ ਸੱਲ ਨਹੀਂ ਉੱਠਿਆ ॥੧॥ ਰਹਾਉ ॥
33890	793	ਦੁਖੀ ਦੁਹਾਗਨਿ ਦੁਇ ਪਖ ਹੀਨੀ॥	ਪੱਖ	Dhukhee Dhuhaagan Dhue Pakh Heenee ||	The discarded bride is miserable, and loses both worlds;	ਉਹ ਜੀਵ-ਇਸਤ੍ਰੀ ਛੁੱਟੜ ਦੁਖੀ ਰਹਿੰਦੀ ਹੈ, ਸਹੁਰੇ ਪੇਕੇ (ਲੋਕ ਪਰਲੋਕ) ਦੋਹਾਂ ਥਾਵਾਂ ਤੋਂ ਵਾਂਜੀ ਰਹਿੰਦੀ ਹੈ,
33891	793	ਜਿਨਿ ਨਾਹ ਨਿਰੰਤਰਿ ਭਗਤਿ ਨ ਕੀਨੀ॥		Jin Naah Niranthar Bhagath N Keenee ||	She does not worship her Husband Lord.	ਜਿਸ ਨੇ ਖਸਮ-ਪ੍ਰਭੂ ਦੀ ਬੰਦਗੀ ਇੱਕ-ਰਸ ਨਹੀਂ ਕੀਤੀ।
33892	793	ਪੁਰ ਸਲਾਤ ਕਾ ਪੰਥੁ ਦੁਹੇਲਾ॥	ਅਤਿਅੰਤ ਸਲਾਤ ਦੁੱਖਾਂ ਵਾਲਾ ਜੋ ਦੋਜਕੀ (ਪੁਰ)ਪੁਲ ਹੈ ਓਸ ਦਾ (ਪੰਥੁ)ਰਸਤਾ। (ਦੁਹੇਲਾ)ਬੜਾ ਦੁਖਦਾਇਕ ਹੈ	Pur Salaath Kaa Panthh Dhuhaelaa ||	The bridge over the fire of hell is difficult and treacherous.	ਜੀਵਨ ਦਾ ਇਹ ਰਸਤਾ (ਜੋ) ਪੁਰਸਲਾਤ (ਸਮਾਨ ਹੈ, ਉਸ ਲਈ) ਬੜਾ ਔਖਾ ਹੋ ਜਾਂਦਾ ਹੈ,

33893	793	ਸੰਗਿ ਨ ਸਾਥੀ ਗਵਨੁ ਇਕੇਲਾ॥੨॥		Sang N Saathhee Gavan Eikaelaa ||2||	No one will accompany you there; you will have to go all alone. ||2||	(ਇਥੇ ਦੁੱਖਾਂ ਵਿਚ) ਕੋਈ ਸੰਗੀ ਕੋਈ ਸਾਥੀ ਨਹੀਂ ਬਣਦਾ, (ਜੀਵਨ-ਸਫ਼ਰ ਦਾ) ਸਾਰਾ ਪੈਂਡਾ ਇਕੱਲਿਆਂ ਹੀ (ਲੰਘਣਾ ਪੈਂਦਾ ਹੈ) ॥੨॥
33894	793	ਦੁਖੀਆ ਦਰਦਵੰਦੁ ਦਰਿ ਆਇਆ॥		Dhukheeaa Dharadhavandh Dhar Aaeiaa ||	Suffering in pain, I have come to Your Door, O Compassionate Lord.	ਹੇ ਪ੍ਰਭੂ! ਮੈਂ ਦੁਖੀ ਮੈਂ ਦਰਦਵੰਦਾ ਤੇਰੇ ਦਰ ਤੇ ਆਇਆ ਹਾਂ।
33895	793	ਬਹੁਤੁ ਪਿਆਸ ਜਬਾਬੁ ਨ ਪਾਇਆ॥		Bahuth Piaas Jabaab N Paaeiaa ||	I am so thirsty for You, but You do not answer me.	ਮੈਨੂੰ ਤੇਰੇ ਦਰਸਨ ਦੀ ਬੜੀ ਤਾਂਘ ਹੈ (ਪਰ ਤੇਰੇ ਦਰ ਤੋਂ) ਕੋਈ ਉੱਤਰ ਨਹੀਂ ਮਿਲਦਾ।
33896	793	ਕਹਿ ਰਵਿਦਾਸ ਸਰਨਿ ਪ੍ਰਭ ਤੇਰੀ॥		Kehi Ravidhaas Saran Prabh Thaeree ||	Says Ravi Daas, I seek Your Sanctuary, God;	ਰਵਿਦਾਸ ਆਖਦਾ ਹੈ-ਹੇ ਪ੍ਰਭੂ! ਮੈਂ ਤੇਰੀ ਸ਼ਰਨ ਆਇਆ ਹਾਂ,
33897	793	ਜਿਉ ਜਾਨਹੁ ਤਿਉ ਕਰੁ ਗਤਿ ਮੇਰੀ॥੩॥੧॥		Jio Jaanahu Thio Kar Gath Maeree ||3||1||	As You know me, so will You save me. ||3||1||	ਜਿਵੇਂ ਭੀ ਹੋ ਸਕੇ, ਤਿਵੇਂ ਮੇਰੀ ਹਾਲਤ ਸਵਾਰ ਦੇਹ ॥੩॥੧॥
33898	793	ਸੂਹੀ॥		Soohee ||	Soohee:	
33899	793	ਜੋ ਦਿਨ ਆਵਹਿ ਸੋ ਦਿਨ ਜਾਹੀ॥		Jo Dhin Aavehi So Dhin Jaahee ||	That day which comes, that day shall go.	(ਮਨੁੱਖ ਦੀ ਜ਼ਿੰਦਗੀ ਵਿਚ) ਜੇਹੜੇ ਜੇਹੜੇ ਦਿਨ ਆਉਂਦੇ ਹਨ, ਉਹ ਦਿਨ (ਅਸਲ ਵਿਚ ਨਾਲੋ ਨਾਲ) ਲੰਘਦੇ ਜਾਂਦੇ ਹਨ (ਭਾਵ, ਉਮਰ ਵਿਚੋਂ ਘਟਦੇ ਜਾਂਦੇ ਹਨ)।

33900	793	ਕਰਨਾ ਕੂਚੁ ਰਹਨੁ ਥਿਰੁ ਨਾਹੀ॥		Karanaa Kooch Rehan Thhir Naahee ||	You must march on; nothing remains stable.	(ਇਥੋਂ ਹਰੇਕ ਨੇ) ਕੂਚ ਕਰ ਜਾਣਾ ਹੈ (ਕਿਸੇ ਦੀ ਭੀ ਇਥੇ) ਸਦਾ ਦੀ ਰਿਹੈਸ਼ ਨਹੀਂ ਹੈ।
33901	793	ਸੰਗੁ ਚਲਤ ਹੈ ਹਮ ਭੀ ਚਲਨਾ॥		Sang Chalath Hai Ham Bhee Chalanaa ||	Our companions are leaving, and we must leave as well.	ਅਸਾਡਾ ਸਾਥ ਤੁਰਿਆ ਜਾ ਰਿਹਾ ਹੈ, ਅਸਾਂ ਭੀ (ਇਥੋਂ) ਤੁਰ ਜਾਣਾ ਹੈ।
33902	793	ਦੂਰਿ ਗਵਨੁ ਸਿਰ ਊਪਰਿ ਮਰਨਾ॥੧॥		Dhoor Gavan Sir Oopar Maranaa ||1||	We must go far away. Death is hovering over our heads. ||1||	ਇਹ ਦੂਰ ਦੀ ਮੁਸਾਫ਼ਰੀ ਹੈ ਤੇ ਮੌਤ ਸਿਰ ਉਤੇ ਖਲੋਤੀ ਹੈ (ਪਤਾ ਨਹੀਂ ਕੇਹੜੇ ਵੇਲੇ ਆ ਜਾਏ) ॥੧॥
33903	794	ਕਿਆ ਤੂ ਸੋਇਆ ਜਾਗੁ ਇਆਨਾ॥		Kiaa Thoo Soeiaa Jaag Eiaanaa ||	Why are you asleep? Wake up, you ignorant fool!	ਹੇ ਅੰਞਾਣ! ਹੋਸ਼ ਕਰ! ਤੂੰ ਕਿਉਂ ਸੌਂ ਰਿਹਾ ਹੈਂ?
33904	794	ਤੈ ਜੀਵਨੁ ਜਗਿ ਸਚੁ ਕਰਿ ਜਾਨਾ॥੧॥ਰਹਾਉ॥		Thai Jeevan Jag Sach Kar Jaanaa ||1|| Rehaao ||	You believe that your life in the world is true. ||1||Pause||	ਤੂੰ ਜਗਤ ਵਿਚ ਇਸ ਜੀਊਣ ਨੂੰ ਸਦਾ ਕਾਇਮ ਰਹਿਣ ਵਾਲਾ ਸਮਝ ਬੈਠਾ ਹੈਂ ॥੧॥ ਰਹਾਉ ॥
33905	794	ਜਿਨਿ ਜੀਉ ਦੀਆ ਸੁ ਰਿਜਕੁ ਅੰਬਰਾਵੈ॥	(ਅੰਬਰਾਵੈ)ਅਪੜੌਂਦੇ ਹਨ	Jin Jeeo Dheeaa S Rijak Anbaraavai ||	The One who gave you life shall also provide you with nourishment.	(ਤੂੰ ਹਰ ਵੇਲੇ ਰਿਜ਼ਕ ਦੇ ਹੀ ਫ਼ਿਕਰ ਵਿਚ ਰਹਿੰਦਾ ਹੈਂ, ਵੇਖ) ਜਿਸ ਪ੍ਰਭੂ ਨੇ ਜਿੰਦ ਦਿੱਤੀ ਹੈ, ਉਹ ਰਿਜ਼ਕ ਭੀ ਅਪੜਾਉਂਦਾ ਹੈ।
33906	794	ਸਭ ਘਟ ਭੀਤਰਿ ਹਾਟੁ ਚਲਾਵੈ॥		Sabh Ghatt Bheethar Haatt Chalaavai ||	In each and every heart, He runs His shop.	ਸਾਰੇ ਸਰੀਰਾਂ ਵਿਚ ਬੈਠਾ ਹੋਇਆ ਉਹ ਆਪ ਰਿਜ਼ਕ ਦਾ ਆਹਰ ਪੈਦਾ ਕਰ ਰਿਹਾ ਹੈ।

33907	794	ਕਰਿ ਬੰਦਿਗੀ ਛਾਡਿ ਮੈ ਮੇਰਾ॥		Kar Bandhigee Shhaadd Mai Maeraa ||	Meditate on the Lord, and renounce your egotism and self-conceit.	ਮੈਂ (ਇਤਨਾ ਵੱਡਾ ਹਾਂ) ਮੇਰੀ (ਇਤਨੀ ਮਲਕੀਅਤ ਹੈ)-ਛੱਡ ਇਹ ਗੱਲਾਂ, ਪ੍ਰਭੂ ਦੀ ਬੰਦਗੀ ਕਰ।
33908	794	ਹਿਰਦੈ ਨਾਮੁ ਸਮ੍ਹਾਰਿ ਸਵੇਰਾ॥੨॥		Hiradhai Naam Samhaar Savaeraa ||2||	Within your heart, contemplate the Naam, the Name of the Lord, sometime. ||2||	ਹੁਣ ਵੇਲੇ-ਸਿਰ ਉਸ ਦਾ ਨਾਮ ਆਪਣੇ ਹਿਰਦੇ ਵਿਚ ਸਾਂਭ ॥੨॥
33909	794	ਜਨਮੁ ਸਿਰਾਨੋ ਪੰਥੁ ਨ ਸਵਾਰਾ॥		Janam Siraano Panthh N Savaaraa ||	Your life has passed away, but you have not arranged your path.	ਉਮਰ ਮੁੱਕਣ ਤੇ ਆ ਰਹੀ ਹੈ, ਪਰ ਤੂੰ ਆਪਣਾ ਰਾਹ ਸੁਚੱਜਾ ਨਹੀਂ ਬਣਾਇਆ।
33910	794	ਸਾਂਝ ਪਰੀ ਦਹ ਦਿਸ ਅੰਧਿਆਰਾ॥		Saanjh Paree Dheh Dhis Andhhiaaraa ||	Evening has set in, and soon there will be darkness on all sides.	ਸ਼ਾਮ ਪੈ ਰਹੀ ਹੈ, ਦਸੀਂ ਪਾਸੀਂ ਹਨੇਰਾ ਹੀ ਹਨੇਰਾ ਹੋਣ ਵਾਲਾ ਹੈ।
33911	794	ਕਹਿ ਰਵਿਦਾਸ ਨਿਦਾਨਿ ਦਿਵਾਨੇ॥		Kehi Ravidhaas Nidhaan Dhivaanae ||	Says Ravi Daas, O ignorant mad-man,	ਰਵਿਦਾਸ ਆਖਦਾ ਹੈ-ਹੇ ਕਮਲੇ ਮਨੁੱਖ!
33912	794	ਚੇਤਸਿ ਨਾਹੀ ਦੁਨੀਆ ਫਨ ਖਾਨੇ॥੩॥੨॥	ਫਨਨਾਸ਼। ਖਾਨੇਘਰ। ਖੱਾਨੇ	Chaethas Naahee Dhuneeaa Fan Khaanae ||3||2||	Don't you realize, that this world is the house of death?! ||3||2||	ਤੂੰ ਪ੍ਰਭੂ ਨੂੰ ਯਾਦ ਨਹੀਂ ਕਰਦਾ, ਦੁਨੀਆ (ਜਿਸ ਦੇ ਨਾਲ ਤੂੰ ਮਨ ਜੋੜੀ ਬੈਠਾ ਹੈਂ) ਅੰਤ ਨੂੰ ਨਾਸ ਹੋ ਜਾਣ ਵਾਲੀ ਹੈ ॥੩॥੨॥
33913	794	ਸੂਹੀ॥		Soohee ||	Soohee:	
33914	794	ਊਚੇ ਮੰਦਰ ਸਾਲ ਰਸੋਈ॥		Oochae Mandhar Saal Rasoee ||	You may have lofty mansions, halls and kitchens.	(ਜੇ) ਉੱਚੇ ਉੱਚੇ ਪੱਕੇ ਘਰ ਤੇ ਰਸੋਈ-ਖ਼ਾਨੇ ਹੋਣ (ਤਾਂ ਭੀ ਕੀਹ ਹੋਇਆ?)

33915	794	ਏਕ ਘਰੀ ਫੁਨਿ ਰਹਨੁ ਨ ਹੋਈ॥੧॥		Eaek Gharee Fun Rehan N Hoee ||1||	But you cannot stay in them, even for an instant, after death. ||1||	ਮੌਤ ਆਇਆਂ (ਇਹਨਾਂ ਵਿਚ) ਇਕ ਘੜੀ ਭੀ (ਵਧੀਕ) ਖਲੋਣਾ ਨਹੀਂ ਮਿਲਦਾ ॥੧॥
33916	794	ਇਹੁ ਤਨੁ ਐਸਾ ਜੈਸੇ ਘਾਸ ਕੀ ਟਾਟੀ॥		Eihu Than Aisaa Jaisae Ghaas Kee Ttaattee ||	This body is like a house of straw.	(ਪੱਕੇ ਘਰ ਆਦਿਕ ਤਾਂ ਕਿਤੇ ਰਹੇ) ਇਹ ਸਰੀਰ (ਭੀ) ਘਾਹ ਦੇ ਛੱਪਰ ਵਾਂਗ ਹੀ ਹੈ।
33917	794	ਜਲਿ ਗਇਓ ਘਾਸੁ ਰਲਿ ਗਇਓ ਮਾਟੀ॥੧॥ਰਹਾਉ॥		Jal Gaeiou Ghaas Ral Gaeiou Maattee ||1|| Rehaao ||	When it is burnt, it mixes with dust. ||1||Pause||	ਘਾਹ ਸੜ ਜਾਂਦਾ ਹੈ, ਤੇ ਮਿੱਟੀ ਵਿਚ ਰਲ ਜਾਂਦਾ ਹੈ (ਇਹੀ ਹਾਲ ਸਰੀਰ ਦਾ ਹੁੰਦਾ ਹੈ) ॥੧॥ ਰਹਾਉ ॥
33918	794	ਭਾਈ ਬੰਧ ਕੁਟੰਬ ਸਹੇਰਾ॥	(ਬੰਧ)ਸਬੰਧ	Bhaaee Bandhh Kuttanb Sehaeraa ||	Even relatives, family and friends begin to say,	(ਜਦੋਂ ਮਨੁੱਖ ਮਰ ਜਾਂਦਾ ਹੈ ਤਾਂ) ਰਿਸ਼ਤੇਦਾਰ, ਪਰਵਾਰ, ਸੱਜਣ ਸਾਥੀ-
33919	794	ਓਇ ਭੀ ਲਾਗੇ ਕਾਢੁ ਸਵੇਰਾ॥੨॥		Oue Bhee Laagae Kaadt Savaeraa ||2||	Take his body out, immediately!""||2||	ਇਹ ਸਾਰੇ ਹੀ ਆਖਣ ਲੱਗ ਪੈਂਦੇ ਹਨ ਕਿ ਇਸ ਨੂੰ ਹੁਣ ਛੇਤੀ ਬਾਹਰ ਕੱਢੋ ॥੨॥
33920	794	ਘਰ ਕੀ ਨਾਰਿ ਉਰਹਿ ਤਨ ਲਾਗੀ॥	(ਉਰਹਿ)ਰਿਦੇ। (ਤਨ)ਸ਼੍ਰੀਰ ਨਾਲ	Ghar Kee Naar Ourehi Than Laagee ||	And the wife of his house, who was so attached to his body and heart,	ਆਪਣੀ ਵਹੁਟੀ (ਭੀ) ਜੋ ਸਦਾ (ਮਨੁੱਖ) ਦੇ ਨਾਲ ਲੱਗੀ ਰਹਿੰਦੀ ਸੀ,

33921	794	ਉਹ ਤਉ ਭੂਤੁ ਭੂਤੁ ਕਰਿ ਭਾਗੀ॥੩॥		Ouh Tho Bhooth Bhooth Kar Bhaagee ||3||	Runs away, crying out, ""Ghost! Ghost!""||3||	ਇਹ ਆਖ ਕੇ ਪਰੇ ਹਟ ਜਾਂਦੀ ਹੈ ਇਹ ਤਾਂ ਹੁਣ ਮਰ ਗਿਆ ਹੈ, ਮਰ ਗਿਆ ॥੩॥
33922	794	ਕਹਿ ਰਵਿਦਾਸ ਸਭੈ ਜਗੁ ਲੂਟਿਆ॥		Kehi Ravidhaas Sabhai Jag Loottiaa ||	Says Ravi Daas, the whole world has been plundered,	ਰਵਿਦਾਸ ਆਖਦਾ ਹੈ-ਸਾਰਾ ਜਗਤ ਹੀ (ਸਰੀਰ ਨੂੰ, ਜਾਇਦਾਦ ਨੂੰ, ਸੰਬੰਧੀਆਂ ਨੂੰ ਆਪਣਾ ਸਮਝ ਕੇ) ਠੱਗਿਆ ਜਾ ਰਿਹਾ ਹੈ,
33923	794	ਹਮ ਤਉ ਏਕ ਰਾਮੁ ਕਹਿ ਛੂਟਿਆ॥੪॥੩॥		Ham Tho Eaek Raam Kehi Shhoottiaa ||4||3||	But I have escaped, chanting the Name of the One Lord. ||4||3||	ਪਰ ਮੈਂ ਇਕ ਪਰਮਾਤਮਾ ਦਾ ਨਾਮ ਸਿਮਰ ਕੇ (ਇਸ ਠੱਗੀ ਤੋਂ) ਬਚਿਆ ਹਾਂ ॥੪॥੩॥
33924	794	ਰਾਗੁ ਸੂਹੀ ਬਾਣੀ ਸੇਖ ਫਰੀਦ ਜੀ ਕੀ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
33925	794	੧ੴ ਸਤਿਗੁਰ ਪ੍ਰਸਾਦਿ॥		Raag Soohee Baanee Saekh Fareedh Jee Kee ||	Raag Soohee, The Word Of Shaykh Fareed Jee:	ਰਾਗ ਸੂਹੀ ਵਿੱਚ ਸ਼ੇਖ ਫਰੀਦ ਜੀ ਦੀ ਬਾਣੀ।
33926	794	ਤਪਿ ਤਪਿ ਲੁਹਿ ਲੁਹਿ ਹਾਥ ਮਰੋਰਉ॥	ਵਿਛੋੜੇ ਚ, ਤਪਿ ਤਪਿ, ਲੁਹਿਸੜ, ਲੁਹਿਸੜ ਕੇ	Thap Thap Luhi Luhi Haathh Maroro ||	Burning and burning, writhing in pain, I wring my hands.	ਬੜੀ ਦੁਖੀ ਹੋ ਕੇ, ਬੜੀ ਤੜਫ ਕੇ ਮੈਂ ਹੁਣ ਹੱਥ ਮਲ ਰਹੀ ਹਾਂ,

33927	794	ਬਾਵਲਿ ਹੋਈ ਸੋ ਸਹੁ ਲੋਰਉ॥		Baaval Hoee So Sahu Loro ||	I have gone insane, seeking my Husband Lord.	ਤੇ ਝੱਲੀ ਹੋ ਕੇ ਹੁਣ ਮੈਂ ਉਸ ਖਸਮ ਨੂੰ ਲੱਭਦੀ ਫਿਰਦੀ ਹਾਂ।
33928	794	ਤੈ ਸਹਿ ਮਨ ਮਹਿ ਕੀਆ ਰੋਸੁ॥		Thai Sehi Man Mehi Keeaa Ros ||	O my Husband Lord, You are angry with me in Your Mind.	ਹੇ ਖਸਮ-ਪ੍ਰਭੂ! ਤਾਹੀਏਂ ਤੂੰ ਆਪਣੇ ਮਨ ਵਿਚ ਮੇਰੇ ਨਾਲ ਰੋਸਾ ਕੀਤਾ।
33929	794	ਮੁਝੁ ਅਵਗਨ ਸਹ ਨਾਹੀ ਦੋਸੁ॥੧॥		Mujh Avagan Seh Naahee Dhos ||1||	The fault is with me, and not with my Husband Lord. ||1||	ਤੇਰਾ ਕੋਈ ਦੋਸ (ਮੇਰੀ ਇਸ ਭੈੜੀ ਹਾਲਤ ਬਾਰੇ) ਨਹੀਂ ਹੈ, ਮੇਰੇ ਵਿਚ ਹੀ ਔਗੁਣ ਸਨ ॥੧॥
33930	794	ਤੈ ਸਾਹਿਬ ਕੀ ਮੈ ਸਾਰ ਨ ਜਾਨੀ॥		Thai Saahib Kee Mai Saar N Jaanee ||	O my Lord and Master, I do not know Your excellence and worth.	ਹੇ ਮੇਰੇ ਮਾਲਿਕ! ਮੈਂ ਤੇਰੀ ਕਦਰ ਨਾ ਜਾਤੀ।
33931	794	ਜੋਬਨੁ ਖੋਇ ਪਾਛੈ ਪਛੁਤਾਨੀ॥੧॥ਰਹਾਉ ॥		Joban Khoe Paashhai Pashhuthaanee ||1|| Rehaao ||	Having wasted my youth, now I come to regret and repent. ||1||Pause||	ਜੁਆਨੀ ਦਾ ਵੇਲਾ ਗਵਾ ਕੇ ਹੁਣ ਪਿਛੋਂ ਮੈਂ ਝੁਰ ਰਹੀ ਹਾਂ ॥੧॥ ਰਹਾਉ ॥
33932	794	ਕਾਲੀ ਕੋਇਲ ਤੂ ਕਿਤ ਗੁਨ ਕਾਲੀ॥		Kaalee Koeil Thoo Kith Gun Kaalee ||	O black bird, what qualities have made you black?	(ਹੁਣ ਮੈਂ ਕੋਇਲ ਨੂੰ ਪੁੱਛਦੀ ਫਿਰਦੀ ਹਾਂ-) ਹੇ ਕਾਲੀ ਕੋਇਲ! ਭਲਾ, ਮੈਂ ਤਾਂ ਆਪਣੇ ਕਰਮਾਂ ਦੀ ਮਾਰੀ ਦੁਖੀ ਹਾਂ ਹੀ) ਤੂੰ ਭੀ ਕਿਉਂ ਕਾਲੀ (ਹੋ ਗਈ) ਹੈਂ?
33933	794	ਅਪਨੇ ਪ੍ਰੀਤਮ ਕੇ ਹਉ ਬਿਰਹੈ ਜਾਲੀ॥		Apanae Preetham Kae Ho Birehai Jaalee ||	"I have been burnt by separation from my Beloved."	(ਕੋਇਲ ਭੀ ਇਹੀ ਉੱਤਰ ਦੇਂਦੀ ਹੈ) ਮੈਨੂੰ ਮੇਰੇ ਪ੍ਰੀਤਮ ਦੇ ਵਿਛੋੜੇ ਨੇ ਸਾੜ ਦਿੱਤਾ ਹੈ।

33934	794	ਪਿਰਹਿ ਬਿਹੂਨ ਕਤਹਿ ਸੁਖੁ ਪਾਏ॥		Pirehi Bihoon Kathehi Sukh Paaeae ||	Without her Husband Lord, how can the soul-bride ever find peace?	(ਠੀਕ ਹੈ) ਖਸਮ ਤੋਂ ਵਿੱਛੁੜ ਕੇ ਕਿਥੇ ਕੋਈ ਸੁਖ ਪਾ ਸਕਦੀ ਹੈ?
33935	794	ਜਾ ਹੋਇ ਕ੍ਰਿਪਾਲੁ ਤਾ ਪ੍ਰਭੂ ਮਿਲਾਏ॥੨॥		Jaa Hoe Kirapaal Thaa Prabhoo Milaaeae ||2||	When He becomes merciful, then God unites us with Himself. ||2||	(ਪਰ ਜੀਵ-ਇਸਤ੍ਰੀ ਦੇ ਵੱਸ ਦੀ ਗੱਲ ਨਹੀਂ ਹੈ) ਜਦੋਂ ਪ੍ਰਭੂ ਆਪ ਮਿਹਰਬਾਨ ਹੁੰਦਾ ਹੈ ਤਾਂ ਆਪ ਹੀ ਮਿਲਾ ਲੈਂਦਾ ਹੈ ॥੨॥
33936	794	ਵਿਧਣ ਖੂਹੀ ਮੁੰਧ ਇਕੇਲੀ॥	ਵਿੱਧਣ	Vidhhan Khoohee Mundhh Eikaelee ||	The lonely soul-bride suffers in the pit of the world.	(ਇਸ ਜਗਤ-ਰੂਪ) ਡਰਾਉਣੀ ਖੂਹੀ ਵਿਚ ਮੈਂ ਜੀਵ-ਇਸਤ੍ਰੀ ਇਕੱਲੀ (ਡਿੱਗੀ ਪਈ ਸਾਂ, ਇਥੇ)
33937	794	ਨਾ ਕੋ ਸਾਥੀ ਨਾ ਕੋ ਬੇਲੀ॥	ਬੇੱਲੀ	Naa Ko Saathhee Naa Ko Baelee ||	She has no companions, and no friends.	ਕੋਈ ਮੇਰਾ ਸਾਥੀ ਨਹੀਂ (ਮੇਰੇ ਦੁੱਖਾਂ ਵਿਚ) ਕੋਈ ਮੇਰਾ ਮਦਦਗਾਰ ਨਹੀਂ।
33938	794	ਕਰਿ ਕਿਰਪਾ ਪ੍ਰਭਿ ਸਾਧਸੰਗਿ ਮੇਲੀ॥	ਮੇੱਲੀ	Kar Kirapaa Prabh Saadhhasang Maelee ||	In His Mercy, God has united me with the Saadh Sangat, the Company of the Holy.	ਹੁਣ ਜਦੋਂ ਪ੍ਰਭੂ ਨੇ ਮੇਹਰ ਕਰ ਕੇ ਮੈਨੂੰ ਸਤਸੰਗ ਵਿਚ ਮਿਲਾਇਆ ਹੈ,
33939	794	ਜਾ ਫਿਰਿ ਦੇਖਾ ਤਾ ਮੇਰਾ ਅਲਹੁ ਬੇਲੀ॥੩॥	ਅੱਲਹੁ। ਬੇੱਲੀ	Jaa Fir Dhaekhaa Thaa Maeraa Alahu Baelee ||3||	And when I look again, then I find God as my Helper. ||3||	(ਸਤਸੰਗ ਵਿਚ ਆ ਕੇ) ਜਦੋਂ ਮੈਂ ਵੇਖਦੀ ਹਾਂ ਤਾਂ ਮੈਨੂੰ ਮੇਰਾ ਰੱਬ ਬੇਲੀ ਦਿੱਸ ਰਿਹਾ ਹੈ ॥੩॥
33940	794	ਵਾਟ ਹਮਾਰੀ ਖਰੀ ਉਡੀਣੀ॥		Vaatt Hamaaree Kharee Ouddeenee ||	The path upon which I must walk is very depressing.	ਹੇ ਭਾਈ! ਅਸਾਡਾ ਇਹ ਜੀਵਨ-ਪੰਧ ਬੜਾ ਭਿਆਨਕ ਹੈ,

33941	794	ਖੰਨਿਅਹੁ ਤਿਖੀ ਬਹੁਤੁ ਪਿਈਣੀ॥	(ਖੰਨਿਅਹੁ) ਖੰਡੇ ਨਾਲੋਂ, (ਪਿਈਣੀ) ਬ੍ਰੀਕ। ਪਿ-ਈਣੀ	Khanniahu Thikhee Bahuth Pieenee ||	It is sharper than a two-edged sword, and very narrow.	ਖੰਡੇ ਨਾਲੋਂ ਤਿੱਖਾ ਹੈ, ਬੜੀ ਤੇਜ਼ ਧਾਰ ਵਾਲਾ ਹੈ।
33942	794	ਉਸੁ ਊਪਰਿ ਹੈ ਮਾਰਗੁ ਮੇਰਾ॥		Ous Oopar Hai Maarag Maeraa ||	That is where my path lies.	ਇਸ ਦੇ ਉਤੋਂ ਦੀ ਅਸਾਂ ਲੰਘਣਾ ਹੈ।
33943	794	ਸੇਖ ਫਰੀਦਾ ਪੰਥੁ ਸਮ੍ਹਾਰਿ ਸਵੇਰਾ॥੪॥੧॥		Saekh Fareedhaa Panthh Samhaar Savaeraa ||4||1||	O Shaykh Fareed, think of that path early on. ||4||1||	ਇਸ ਵਾਸਤੇ, ਹੇ ਫਰੀਦ! ਸਵੇਰੇ ਸਵੇਰੇ ਰਸਤਾ ਸੰਭਾਲ ॥੪॥੧॥
33944	794	ਸੂਹੀ ਲਲਿਤ॥		Soohee Lalith ||	Soohee, Lalit:	
33945	794	ਬੇੜਾ ਬੰਧਿ ਨ ਸਕਿਓ ਬੰਧਨ ਕੀ ਵੇਲਾ॥		Baerraa Bandhh N Sakiou Bandhhan Kee Vaelaa ||	You were not able to make yourself a raft when you should have.	(ਜਿਸ ਮਨੁੱਖ ਨੇ ਮਾਇਆ ਨਾਲ ਹੀ ਮਨ ਲਾਈ ਰੱਖਿਆ) ਉਹ (ਬੇੜਾ) ਤਿਆਰ ਕਰਨ ਵਾਲੀ ਉਮਰੇ ਨਾਮ-ਰੂਪ ਬੇੜਾ ਤਿਆਰ ਨਾਹ ਕਰ ਸਕਿਆ,
33946	794	ਭਰਿ ਸਰਵਰੁ ਜਬ ਊਛਲੈ ਤਬ ਤਰਣੁ ਦੁਹੇਲਾ॥੧॥		Bhar Saravar Jab Ooshhalai Thab Tharan Dhuhaelaa ||1||	When the ocean is churning and over-flowing, then it is very difficult to cross over it. ||1||	ਤੇ, ਜਦੋਂ ਸਰੋਵਰ (ਨਕਾ ਨਕ) ਭਰ ਕੇ (ਬਾਹਰ) ਉਛਲਣ ਲੱਗ ਪੈਂਦਾ ਹੈ ਤਦੋਂ ਇਸ ਵਿਚ ਤਰਨਾ ਔਖਾ ਹੋ ਜਾਂਦਾ ਹੈ (ਭਾਵ; ਜਦੋਂ ਮਨੁੱਖ ਵਿਕਾਰਾਂ ਦੀ ਅੱਤ ਕਰ ਦੇਂਦਾ ਹੈ, ਤਾਂ ਇਹਨਾਂ ਦੇ ਚਸਕੇ ਵਿਚੋਂ ਨਿਕਲਣਾ ਔਖਾ ਹੋ ਜਾਂਦਾ ਹੈ) ॥੧॥

33947	794	ਹਥੁ ਨ ਲਾਇ ਕਸੁੰਭੜੈ ਜਲਿ ਜਾਸੀ ਢੋਲਾ॥੧॥ਰਹਾਉ॥	ੜੈਦੇ ਫੁੱਲ। (ਢੋਲਾ) ਪਿਆਰੇ	Hathh N Laae Kasunbharrai Jal Jaasee Dtolaa ||1|| Rehaao ||	Do not touch the safflower with your hands; its color will fade away, my dear. ||1||Pause||	ਹੇ ਮਿੱਤਰ! ਕਸੁੰਭੇ-ਰੂਪ ਮਾਇਆ ਨੂੰ ਹੱਥ ਨਾ ਲਾ, ਇਹ ਕਸੁੰਭਾ ਸੜ ਜਾਇਗਾ, ਭਾਵ, ਇਹ ਮਾਇਆ ਦਾ ਸਾਥ ਛੇਤੀ ਨਸ਼ਟ ਹੋਣ ਵਾਲਾ ਹੈ ॥੧॥ ਰਹਾਉ ॥
33948	794	ਇਕ ਆਪੀਨ੍ਹੈ ਪਤ ਲੀ ਸਹ ਕੇਰੇ ਬੋਲਾ॥	ਪਤਿ (ਲੀ) ਲੈਣਾ ਕੀਤੀ। ਪਤ:ਪੋਲਾ ਬੋਲੋ। ਬੋੱਲਾ (੨. ਪਤਲੀ)	Eik Aapeenhai Pathalee Seh Kaerae Bolaa ||	First, the bride herself is weak, and then, her Husband Lord's Order is hard to bear.	ਜੋ ਜੀਵ-ਇਸਤ੍ਰੀਆਂ (ਮਾਇਆ ਨਾਲੋਂ ਮੋਹ ਪਾਣ ਕਰਕੇ) ਆਪਣੇ ਆਪ ਵਿਚ ਕਮਜ਼ੋਰ ਆਤਮਕ ਜੀਵਨ ਵਾਲੀਆਂ ਹੋ ਜਾਂਦੀਆਂ ਹਨ, ਉਹਨਾਂ ਨੂੰ (ਪ੍ਰਭੂ-) ਪਤੀ ਦੇ ਦਰ ਤੋਂ ਅਨਾਦਰੀ ਦੇ ਬੋਲ ਨਸੀਬ ਹੁੰਦੇ ਹਨ।
33949	794	ਦੁਧਾ ਥਣੀ ਨ ਆਵਈ ਫਿਰਿ ਹੋਇ ਨ ਮੇਲਾ॥੨॥		Dhudhhaa Thhanee N Aavee Fir Hoe N Maelaa ||2||	Milk does not return to the breast; it will not be collected again. ||2||	ਉਹਨਾਂ ਉੱਤੇ ਪਤੀ-ਮਿਲਾਪ ਦੀ ਅਵਸਥਾ ਨਹੀਂ ਆਉਂਦੀ ਤੇ ਮਨੁੱਖਾ ਜਨਮ ਦਾ ਸਮਾ ਖੁੰਝਣ ਤੇ (ਜਦੋਂ ਨਾਮ-ਸਿਮਰਨ ਦਾ ਬੇੜਾ ਤਿਆਰ ਹੋ ਸਕਦਾ ਸੀ) ਪ੍ਰਭੂ ਨਾਲ ਮੇਲ ਨਹੀਂ ਹੋ ਸਕਦਾ ॥੨॥
33950	794	ਕਹੈ ਫਰੀਦੁ ਸਹੇਲੀਹੋ ਸਹੁ ਅਲਾਏਸੀ॥	(ਅਲਾਏਸੀ) ਕਹਿ ਰਹੇ ਹਨ	Kehai Fareedh Sehaeleeho Sahu Alaaeaesee ||	Says Fareed, O my companions, when our Husband Lord calls,	ਫ਼ਰੀਦ ਆਖਦਾ ਹੈ-ਹੇ ਸਹੇਲੀਓ! ਜਦੋਂ ਪਤੀ ਪ੍ਰਭੂ ਦਾ ਸੱਦਾ (ਇਸ ਜਗਤ ਵਿਚੋਂ ਤੁਰਨ ਲਈ) ਆਵੇਗਾ,

33951	794	ਹੰਸੁ ਚਲਸੀ ਡੁੰਮਣਾ ਅਹਿ ਤਨੁ ਢੇਰੀ ਥੀਸੀ॥੩॥੨॥	(ਡੁੰਮਣਾ) ਦੁਖੀ। (ਅਹਿ) ਇਹ	Hans Chalasee Ddunmanaa Ahi Than Dtaeree Thheesee ||3||2||	The soul departs, sad at heart, and this body returns to dust. ||3||2||	ਤਾਂ (ਮਾਇਆ ਵਿਚ ਹੀ ਗ੍ਰਸੀ ਰਹਿਣ ਵਾਲੀ ਜੀਵ-ਇਸਤ੍ਰੀ ਦਾ) ਆਤਮਾ-ਹੰਸ ਜੱਕੋ-ਤੱਕੇ ਕਰਦਾ ਹੋਇਆ (ਇਥੋਂ) ਤੁਰੇਗਾ (ਭਾਵ, ਮਾਇਆ ਤੋਂ ਵਿਛੁੜਨ ਨੂੰ ਚਿੱਤ ਨਹੀਂ ਕਰੇਗਾ), ਤੇ ਇਹ ਸਰੀਰ ਮਿੱਟੀ ਦੀ ਢੇਰੀ ਹੋ ਜਾਇਗਾ ॥੩॥੨॥
33952	795	੧ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
33953	795	ਰਾਗੁ ਬਿਲਾਵਲੁ ਮਹਲਾ ੧ ਚਉਪਦੇ ਘਰੁ ੧॥		Raag Bilaaval Mehalaa 1 Choupadhae Ghar 1 ||	Raag Bilaaval, First Mehl, Chau-Padas, First House:	ਰਾਗ ਬਿਲਾਵਲੁ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।

33954	795	ਤੂ ਸੁਲਤਾਨੁ ਕਹਾ ਹਉ ਮੀਆ ਤੇਰੀ ਕਵਨ ਵਡਾਈ॥		Thoo Sulathaan Kehaa Ho Meeaa Thaeree Kavan Vaddaaee ||	You are the Emperor, and I call You a chief - how does this add to Your greatness?	ਹੇ ਪ੍ਰਭੂ! ਤੇਰੀ ਸਿਫ਼ਤਿ-ਸਾਲਾਹ ਕਰ ਕੇ ਮੈਂ ਤੇਰੀ ਵਡਿਆਈ ਨਹੀਂ ਕਰ ਰਿਹਾ, (ਇਹ ਤਾਂ ਇਉਂ ਹੀ ਹੈ ਕਿ) ਤੂੰ ਬਾਦਸ਼ਾਹ ਹੈਂ, ਤੇ ਮੈਂ ਤੈਨੂੰ ਮੀਆਂ ਆਖ ਰਿਹਾ ਹਾਂ।
33955	795	ਜੋ ਤੂ ਦੇਹਿ ਸੁ ਕਹਾ ਸੁਆਮੀ ਮੈ ਮੂਰਖ ਕਹਣੁ ਨ ਜਾਈ॥੧॥		Jo Thoo Dhaehi S Kehaa Suaamee Mai Moorakh Kehan N Jaaee ||1||	As You permit me, I praise You, O Lord and Master; I am ignorant, and I cannot chant Your Praises. ||1||	(ਪਰ ਇਤਨੀ ਕੁ ਸਿਫ਼ਤਿ-ਸਾਲਾਹ ਕਰਨੀ ਮੇਰੀ ਆਪਣੀ ਸਮਰੱਥਾ ਨਹੀਂ ਹੈ) ਹੇ ਮਾਲਕ-ਪ੍ਰਭੂ! (ਸਿਫ਼ਤਿ-ਸਾਲਾਹ ਕਰਨ ਦਾ) ਜਿਤਨਾ ਕੁ ਬਲ ਤੂੰ ਦੇਂਦਾ ਹੈਂ ਮੈਂ ਉਤਨਾ ਕੁ ਤੇਰੇ ਗੁਣ ਆਖ ਲੈਂਦਾ ਹਾਂ। ਮੈਂ ਅੰਞਾਣ ਪਾਸੋਂ ਤੇਰੇ ਗੁਣ ਬਿਆਨ ਨਹੀਂ ਹੋ ਸਕਦੇ ॥੧॥
33956	795	ਤੇਰੇ ਗੁਣ ਗਾਵਾ ਦੇਹਿ ਬੁਝਾਈ॥		Thaerae Gun Gaavaa Dhaehi Bujhaaee ||	Please bless me with such understanding, that I may sing Your Glorious Praises.	ਹੇ ਪ੍ਰਭੂ! ਮੈਨੂੰ (ਅਜੇਹੀ) ਸਮਝ ਬਖ਼ਸ਼ ਕਿ ਮੈਂ ਤੇਰੀ ਸਿਫ਼ਤਿ-ਸਾਲਾਹ ਕਰ ਸਕਾਂ।
33957	795	ਜੈਸੇ ਸਚ ਮਹਿ ਰਹਉ ਰਜਾਈ॥੧॥ਰਹਾਉ॥		Jaisae Sach Mehi Reho Rajaaee ||1|| Rehaao ||	May I dwell in Truth, according to Your Will. ||1||Pause||	ਹੇ ਰਜ਼ਾ ਦੇ ਮਾਲਕ-ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਹੈਂ ਤੇ, ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਮੈਂ ਤੇਰੇ (ਚਰਨਾਂ) ਵਿਚ ਟਿਕਿਆ ਰਹਿ ਸਕਾਂ ॥੧॥ ਰਹਾਉ ॥

33958	795	ਜੋ ਕਿਛੁ ਹੋਆ ਸਭੁ ਕਿਛੁ ਤੁਝ ਤੇ ਤੇਰੀ ਸਭ ਅਸਨਾਈ॥		Jo Kishh Hoaa Sabh Kishh Thujh Thae Thaeree Sabh Asanaaee ||	Whatever has happened, has all come from You. You are All-knowing.	ਇਹ ਜਿਤਨਾ ਕੁ ਜਗਤ ਬਣਿਆ ਹੋਇਆ ਹੈ ਇਹ ਸਾਰਾ ਤੈਥੋਂ ਹੀ ਬਣਿਆ ਹੈ, ਇਹ ਸਾਰੀ ਤੇਰੀ ਹੀ ਬਜ਼ੁਰਗੀ ਹੈ।
33959	795	ਤੇਰਾ ਅੰਤੁ ਨ ਜਾਣਾ ਮੇਰੇ ਸਾਹਿਬ ਮੈ ਅੰਧੁਲੇ ਕਿਆ ਚਤੁਰਾਈ॥੨॥		Thaeraa Anth N Jaanaa Maerae Saahib Mai Andhhulae Kiaa Chathuraaee ||2||	Your limits cannot be known, O my Lord and Master; I am blind - what wisdom do I have? ||2||	ਹੇ ਮਾਲਕ-ਪ੍ਰਭੂ! ਮੈਂ ਤੇਰੇ ਗੁਣਾਂ ਦਾ ਅੰਤ ਨਹੀਂ ਜਾਣ ਸਕਦਾ। ਮੈਂ ਅੰਨ੍ਹਾ ਹਾਂ (ਤੁੱਛ-ਅਕਲ ਹਾਂ) ਮੇਰੇ ਵਿਚ ਕੋਈ ਐਸੀ ਸਿਆਣਪ ਨਹੀਂ ਹੈ (ਕਿ ਮੈਂ ਤੇਰੇ ਗੁਣਾਂ ਦਾ ਅੰਤ ਜਾਣ ਸਕਾਂ ॥੨॥
33960	795	ਕਿਆ ਹਉ ਕਥੀ ਕਥੇ ਕਥਿ ਦੇਖਾ ਮੈ ਅਕਥੁ ਨ ਕਥਨਾ ਜਾਈ॥	ਅ-ਕਥੁ:ਪੋਲਾ ਬੋਲੋ	Kiaa Ho Kathhee Kathhae Kathh Dhaekhaa Mai Akathh N Kathhanaa Jaaee ||	What should I say? While talking, I talk of seeing, but I cannot describe the indescribable.	ਮੈਂ ਤੇਰੇ ਗੁਣ ਬਿਲਕੁਲ ਨਹੀਂ ਕਹਿ ਸਕਦਾ। ਤੇਰੇ ਗੁਣ ਆਖ ਆਖ ਕੇ ਜਦੋਂ ਮੈਂ ਵੇਖਦਾ ਹਾਂ (ਤਾਂ ਮੈਨੂੰ ਸਮਝ ਪੈਂਦੀ ਹੈ ਕਿ) ਤੇਰਾ ਸਰੂਪ ਬਿਆਨ ਤੋਂ ਪਰੇ ਹੈ, ਮੈਂ ਬਿਆਨ ਕਰਨ ਜੋਗਾ ਨਹੀਂ ਹਾਂ।
33961	795	ਜੋ ਤੁਧੁ ਭਾਵੈ ਸੋਈ ਆਖਾ ਤਿਲੁ ਤੇਰੀ ਵਡਿਆਈ॥੩॥		Jo Thudhh Bhaavai Soee Aakhaa Thil Thaeree Vaddiaaee ||3||	As it pleases Your Will, I speak; it is just the tiniest bit of Your greatness. ||3||	ਤੇਰੀ ਰਤਾ ਮਾਤ੍ਰ ਵਡਿਆਈ ਭੀ ਜੇਹੜੀ ਮੈਂ ਆਖਦਾ ਹਾਂ ਉਹੀ ਆਖਦਾ ਹਾਂ ਜੋ ਤੈਨੂੰ ਭਾਉਂਦੀ ਹੈ (ਭਾਵ, ਜਿਤਨੀ ਕੁ ਤੂੰ ਬਿਆਨ ਕਰਨ ਲਈ ਆਪ ਹੀ ਸਮਝ ਦੇਂਦਾ ਹੈਂ) ॥੩॥

33962	795	ਏਤੇ ਕੂਕਰ ਹਉ ਬੇਗਾਨਾ ਭਉਕਾ ਇਸੁ ਤਨ ਤਾਈ॥	(ਕੂਕਰ)ਕਾਮ ਕ੍ਰੋਧ ਔਗੁਣ ਆਦਿਕ ਕੁੱਤੇ। ਭਉਂਕਾਂ। ਤਾਂਈਂ	Eaethae Kookar Ho Baegaanaa Bhoukaa Eis Than Thaaee ||	Among so many dogs, I am an outcast; I bark for my body's belly.	(ਹੇ ਪ੍ਰਭੂ! ਇਥੇ ਕਾਮਾਦਿਕ) ਅਨੇਕਾਂ ਕੁੱਤੇ ਹਨ, ਮੈਂ (ਇਹਨਾਂ ਵਿਚ) ਓਪਰਾ (ਆ ਫਸਿਆ) ਹਾਂ, (ਜਿਤਨੀ ਕੁ ਤੇਰੀ ਸਿਫ਼ਤਿ-ਸਾਲਾਹ ਕਰਦਾ ਹਾਂ ਉਹ ਭੀ ਮੈਂ) ਆਪਣੇ ਇਸ ਸਰੀਰ ਨੂੰ (ਕਾਮਾਦਿਕ ਕੁੱਤਿਆਂ ਤੋਂ ਬਚਾਣ ਲਈ ਭੌਂਕਦਾ ਹੀ ਹਾਂ, ਜਿਵੇਂ ਓਪਰਾ ਕੁੱਤਾ ਵੈਰੀ ਕੁੱਤਿਆਂ ਤੋਂ ਬਚਣ ਲਈ ਭੌਂਕਦਾ ਹੈ)।
33963	795	ਭਗਤਿ ਹੀਣੁ ਨਾਨਕੁ ਜੇ ਹੋਇਗਾ ਤਾ ਖਸਮੈ ਨਾਉ ਨ ਜਾਈ॥੪॥੧॥		Bhagath Heen Naanak Jae Hoeigaa Thaa Khasamai Naao N Jaaee ||4||1||	Without devotional worship, O Nanak, even so, still, my Master's Name does not leave me. ||4||1||	(ਮੈਨੂੰ ਇਹ ਧਰਵਾਸ ਹੈ ਕਿ) ਜੇ (ਤੇਰਾ ਦਾਸ) ਨਾਨਕ ਭਗਤੀ ਤੋਂ ਸੱਖਣਾ ਹੈ (ਤਾਂ ਭੀ ਤੂੰ ਮੇਰੇ ਸਿਰ ਤੇ ਰਾਖਾ ਖਸਮ ਹੈਂ, ਤੇ ਤੈਂ) ਖਸਮ ਦੀ ਇਹ ਸੋਭਾ ਦੂਰ ਨਹੀਂ ਹੋ ਗਈ (ਕਿ ਤੂੰ ਮੁੱਢ ਕਦੀਮਾਂ ਤੋਂ ਸਰਨ ਆਏ ਦੀ ਸਹੈਤਾ ਕਰਦਾ ਆਇਆ ਹੈਂ) ॥੪॥੧॥
33964	795	ਬਿਲਾਵਲੁ ਮਹਲਾ ੧॥		Bilaaval Mehalaa 1 ||	Bilaawal, First Mehl:	

33965	795	ਮਨੁ ਮੰਦਰੁ ਤਨੁ ਵੇਸ ਕਲੰਦਰੁ ਘਟ ਹੀ ਤੀਰਥਿ ਨਾਵਾ॥		Man Mandhar Than Vaes Kalandhar Ghatt Hee Theerathh Naavaa ||	My mind is the temple, and my body is the simple cloth of the humble seeker; deep within my heart, I bathe at the sacred shrine.	ਮੇਰਾ ਮਨ (ਪ੍ਰਭੂ-ਦੇਵ ਦੇ ਰਹਿਣ ਲਈ) ਮੰਦਰ (ਬਣ ਗਿਆ) ਹੈ, ਮੇਰਾ ਸਰੀਰ (ਭਾਵ, ਮੇਰਾ ਹਰੇਕ ਗਿਆਨ-ਇੰਦ੍ਰਾ ਮੰਦਰ ਦੀ ਜਾਤ੍ਰਾ ਕਰਨ ਵਾਲਾ) ਰਮਤਾ ਸਾਧੂ ਬਣ ਗਿਆ ਹੈ (ਭਾਵ, ਮੇਰੇ ਗਿਆਨ-ਇੰਦ੍ਰੇ ਬਾਹਰ ਭਟਕਣ ਦੇ ਥਾਂ ਅੰਦਰ-ਵੱਸਦੇ ਪਰਮਾਤਮਾ ਵਲ ਪਰਤ ਪਏ ਹਨ), ਹੁਣ ਮੈਂ ਹਿਰਦੇ-ਤੀਰਥ ਉਤੇ ਹੀ ਇਸ਼ਨਾਨ ਕਰਦਾ ਹਾਂ।
33966	795	ਏਕੁ ਸਬਦੁ ਮੇਰੈ ਪ੍ਰਾਨਿ ਬਸਤੁ ਹੈ ਬਾਹੁੜਿ ਜਨਮਿ ਨ ਆਵਾ॥੧॥		Eaek Sabadh Maerai Praan Basath Hai Baahurr Janam N Aavaa ||1||	The One Word of the Shabad abides within my mind; I shall not come to be born again. ||1||	ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਸ਼ਬਦ ਮੇਰੀ ਜਿੰਦ ਵਿਚ ਟਿਕ ਗਿਆ ਹੈ (ਮੇਰੀ ਜਿੰਦ ਦਾ ਆਸਰਾ ਬਣ ਗਿਆ। ਇਸ ਵਾਸਤੇ ਮੈਨੂੰ ਯਕੀਨ ਹੋ ਗਿਆ ਹੈ ਕਿ) ਮੈਂ ਮੁੜ ਜਨਮ ਵਿਚ ਨਹੀਂ ਆਵਾਂਗਾ ॥੧॥
33967	795	ਮਨੁ ਬੇਧਿਆ ਦਇਆਲ ਸੇਤੀ ਮੇਰੀ ਮਾਈ॥	ਬੇੱਧਿਆ	Man Baedhhiaa Dhaeiaal Saethee Maeree Maaee ||	My mind is pierced through by the Merciful Lord, O my mother!	ਹੇ ਮੇਰੀ ਮਾਂ! (ਮੇਰਾ) ਮਨ ਦਇਆ-ਦੇ-ਘਰ ਪ੍ਰਭੂ (ਦੇ ਚਰਨਾਂ) ਵਿਚ ਵਿੱਝ ਗਿਆ ਹੈ।
33968	795	ਕਉਣੁ ਜਾਣੈ ਪੀਰ ਪਰਾਈ॥		Koun Jaanai Peer Paraaee ||	Who can know the pain of another?	ਮੈਨੂੰ ਯਕੀਨ ਹੋ ਗਿਆ ਹੈ ਕਿ (ਪਰਮਾਤਮਾ ਤੋਂ ਬਿਨਾ) ਕੋਈ ਹੋਰ ਕਿਸੇ ਦੂਜੇ ਦਾ ਦੁੱਖ-ਦਰਦ ਸਮਝ ਨਹੀਂ ਸਕਦਾ।

33969	795	ਹਮ ਨਾਹੀ ਚਿੰਤ ਪਰਾਈ॥੧॥ਰਹਾਉ॥		Ham Naahee Chinth Paraaee ||1|| Rehaao ||	I think of none other than the Lord. ||1||Pause||	ਹੁਣ ਮੈਂ (ਪ੍ਰਭੂ ਤੋਂ ਬਿਨਾ) ਕਿਸੇ ਹੋਰ ਦੀ ਆਸ ਨਹੀਂ ਰੱਖਦਾ ॥੧॥ ਰਹਾਉ ॥
33970	795	ਅਗਮ ਅਗੋਚਰ ਅਲਖ ਅਪਾਰਾ ਚਿੰਤਾ ਕਰਹੁ ਹਮਾਰੀ॥		Agam Agochar Alakh Apaaraa Chinthaa Karahu Hamaaree ||	O Lord, inaccessible, unfathomable, invisible and infinite: please, take care of me!	ਹੇ ਅਪਹੁੰਚ! ਹੇ ਅਗੋਚਰ! ਹੇ ਅਦ੍ਰਿਸ਼ਟ! ਹੇ ਬੇਅੰਤ ਪ੍ਰਭੂ! ਤੂੰ ਹੀ ਸਾਡੀ ਸਭ ਜੀਵਾਂ ਦੀ ਸੰਭਾਲ ਕਰਦਾ ਹੈਂ।
33971	795	ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ ਘਟਿ ਘਟਿ ਜੋਤਿ ਤੁਮ੍ਹਾਰੀ॥੨॥		Jal Thhal Meheeal Bharipur Leenaa Ghatt Ghatt Joth Thumhaaree ||2||	In the water, on the land and in sky, You are totally pervading. Your Light is in each and every heart. ||2||	ਤੂੰ ਜਲ ਵਿਚ, ਧਰਤੀ ਵਿਚ, ਆਕਾਸ਼ ਵਿਚ ਹਰ ਥਾਂ ਨਕਾਨਕ ਵਿਆਪਕ ਹੈਂ, ਹਰੇਕ (ਜੀਵ ਦੇ) ਹਿਰਦੇ ਵਿਚ ਤੇਰੀ ਜੋਤਿ ਮੌਜੂਦ ਹੈ ॥੨॥
33972	795	ਸਿਖ ਮਤਿ ਸਭ ਬੁਧਿ ਤੁਮ੍ਹਾਰੀ ਮੰਦਿਰ ਛਾਵਾ ਤੇਰੇ॥		Sikh Math Sabh Budhh Thumhaaree Mandhir Shhaavaa Thaerae ||	All teachings, instructions and understandings are Yours; the mansions and sanctuaries are Yours as well.	ਹੇ ਮੇਰੇ ਮਾਲਕ-ਪ੍ਰਭੂ! ਸਭ ਜੀਵਾਂ ਦੇ ਮਨ ਤੇ ਸਰੀਰ ਤੇਰੇ ਹੀ ਰਚੇ ਹੋਏ ਹਨ, ਸਿੱਖਿਆ ਅਕਲ ਸਮਝ ਸਭ ਜੀਵਾਂ ਨੂੰ ਤੈਥੋਂ ਹੀ ਮਿਲਦੀ ਹੈ।

33973	795	ਤੁਝ ਬਿਨੁ ਅਵਰੁ ਨ ਜਾਣਾ ਮੇਰੇ ਸਾਹਿਬਾ ਗੁਣ ਗਾਵਾ ਨਿਤ ਤੇਰੇ॥੩॥		Thujh Bin Avar N Jaanaa Maerae Saahibaa Gun Gaavaa Nith Thaerae ||3||	Without You, I know no other, O my Lord and Master; I continually sing Your Glorious Praises. ||3||	ਤੇਰੇ ਬਰਾਬਰ ਦਾ ਮੈਂ ਕਿਸੇ ਹੋਰ ਨੂੰ ਨਹੀਂ ਜਾਣਦਾ। ਮੈਂ ਨਿਤ ਤੇਰੇ ਹੀ ਗੁਣ ਗਾਂਦਾ ਹਾਂ ॥੩॥
33974	795	ਜੀਅ ਜੰਤ ਸਭਿ ਸਰਣਿ ਤੁਮ੍ਹਾਰੀ ਸਰਬ ਚਿੰਤ ਤੁਧੁ ਪਾਸੇ॥		Jeea Janth Sabh Saran Thumhaaree Sarab Chinth Thudhh Paasae ||	All beings and creatures seek the Protection of Your Sanctuary; all thought of their care rests with You.	ਸਾਰੇ ਜੀਵ ਜੰਤ ਤੇਰੇ ਹੀ ਆਸਰੇ ਹਨ, ਤੈਨੂੰ ਹੀ ਸਭ ਦੀ ਸੰਭਾਲ ਦਾ ਫ਼ਿਕਰ ਹੈ।
33975	795	ਜੋ ਤੁਧੁ ਭਾਵੈ ਸੋਈ ਚੰਗਾ ਇਕ ਨਾਨਕ ਕੀ ਅਰਦਾਸੇ॥੪॥੨॥		Jo Thudhh Bhaavai Soee Changaa Eik Naanak Kee Aradhaasae ||4||2||	That which pleases Your Will is good; this alone is Nanak's prayer. ||4||2||	ਨਾਨਕ ਦੀ (ਤੇਰੇ ਦਰ ਤੇ) ਸਿਰਫ਼ ਇਹੀ ਬੇਨਤੀ ਹੈ ਕਿ ਜੋ ਤੇਰੀ ਰਜ਼ਾ ਹੋਵੇ ਉਹ ਮੈਨੂੰ ਚੰਗੀ ਲੱਗੇ (ਮੈਂ ਸਦਾ ਤੇਰੀ ਰਜ਼ਾ ਵਿਚ ਰਾਜ਼ੀ ਰਹਾਂ) ॥੪॥੨॥
33976	795	ਬਿਲਾਵਲੁ ਮਹਲਾ ੧॥		Bilaaval Mehalaa 1 ||	Bilaawal, First Mehl:	

33977	795	ਆਪੇ ਸਬਦੁ ਆਪੇ ਨੀਸਾਨੁ॥		Aapae Sabadh Aapae Neesaan ||	He Himself is the Word of the Shabad, and He Himself is the Insignia.	(ਜਿਸ ਮਨੁੱਖ ਨੂੰ ਨਾਮ ਦੀ ਦਾਤ ਮਿਲ ਜਾਂਦੀ ਹੈ ਉਸ ਨੂੰ ਇਹ ਯਕੀਨ ਬਣ ਜਾਂਦਾ ਹੈ ਕਿ ਪ੍ਰਭੂ) ਆਪ ਹੀ ਸਿਫ਼ਤਿ-ਸਾਲਾਹ ਹੈ (ਭਾਵ, ਜਿਥੇ ਉਸ ਦੀ ਸਿਫ਼ਤਿ-ਸਾਲਾਹ ਹੁੰਦੀ ਹੈ ਉਥੇ ਉਹ ਮੌਜੂਦ ਹੈ), ਆਪ ਹੀ (ਜੀਵ ਵਾਸਤੇ ਜੀਵਨ-ਸਫ਼ਰ ਵਿਚ) ਰਾਹਦਾਰੀ ਹੈ,
33978	795	ਆਪੇ ਸੁਰਤਾ ਆਪੇ ਜਾਨੁ॥		Aapae Surathaa Aapae Jaan ||	He Himself is the Listener, and He Himself is the Knower.	ਪ੍ਰਭੂ ਆਪ ਹੀ (ਜੀਵਾਂ ਦੀਆਂ ਅਰਦਾਸਾਂ) ਸੁਣਨ ਵਾਲਾ ਹੈ, ਆਪ ਹੀ (ਜੀਵਾਂ ਦੇ ਦੁੱਖ-ਦਰਦ) ਜਾਣਨ ਵਾਲਾ ਹੈ।
33979	795	ਆਪੇ ਕਰਿ ਕਰਿ ਵੇਖੈ ਤਾਣੁ॥		Aapae Kar Kar Vaekhai Thaan ||	He Himself created the creation, and He Himself beholds His almighty power.	ਪ੍ਰਭੂ ਆਪ ਹੀ ਜਗਤ-ਰਚਨਾ ਰਚ ਕੇ ਆਪ ਹੀ ਆਪਣਾ (ਇਹ) ਬਲ ਵੇਖ ਰਿਹਾ ਹੈ।
33980	795	ਤੂ ਦਾਤਾ ਨਾਮੁ ਪਰਵਾਣੁ॥੧॥		Thoo Dhaathaa Naam Paravaan ||1||	You are the Great Giver; Your Name alone is approved. ||1||	ਹੇ ਪ੍ਰਭੂ! ਤੂੰ (ਜੀਵਾਂ ਨੂੰ ਸਭ ਦਾਤਾਂ) ਦੇਣ ਵਾਲਾ ਹੈਂ, (ਜਿਸ ਨੂੰ ਤੂੰ ਆਪਣਾ ਨਾਮ ਬਖ਼ਸ਼ਦਾ ਹੈਂ, ਉਹ ਤੇਰੇ ਦਰ ਤੇ) ਕਬੂਲ ਹੋ ਜਾਂਦਾ ਹੈ ॥੧॥
33981	796	ਐਸਾ ਨਾਮੁ ਨਿਰੰਜਨ ਦੇਉ॥		Aisaa Naam Niranjan Dhaeo ||	Such is the Name of the Immaculate, Divine Lord.	ਹੇ ਮਾਇਆ ਦੇ ਪ੍ਰਭਾਵ ਤੋਂ ਰਹਿਤ ਪ੍ਰਕਾਸ਼-ਰੂਪ ਪ੍ਰਭੂ! ਤੇਰਾ ਨਾਮ ਭੀ ਏਹੋ ਜੇਹਾ ਹੀ ਹੈ (ਜਿਹੋ ਜੇਹਾ ਤੂੰ ਆਪ ਹੈਂ। ਭਾਵ, ਤੇਰਾ ਨਾਮ ਭੀ ਮਾਇਆ ਦੇ ਮੋਹ ਤੋਂ ਬਚਾਂਦਾ ਹੈ)।

33982	796	ਹਉ ਜਾਚਿਕੁ ਤੂ ਅਲਖ ਅਭੇਉ॥੧॥ਰਹਾਉ॥		Ho Jaachik Thoo Alakh Abhaeo ||1|| Rehaao ||	I am just a beggar; You are invisible and unknowable. ||1||Pause||	ਹੇ ਪ੍ਰਭੂ! ਤੇਰਾ ਕੋਈ ਖ਼ਾਸ ਚਿਹਨ ਚੱਕ੍ਰ ਨਹੀਂ ਲੱਭ ਸਕਦਾ, ਤੇਰਾ ਭੇਦ ਨਹੀਂ ਪਾਇਆ ਜਾ ਸਕਦਾ। ਮੈਂ (ਤੇਰੇ ਦਰ ਤੇ) ਮੰਗਤਾ ਹਾਂ (ਤੇ ਤੈਥੋਂ ਤੇਰੇ ਨਾਮ ਦੀ ਦਾਤ ਮੰਗਦਾ ਹਾਂ) ॥੧॥ ਰਹਾਉ ॥
33983	796	ਮਾਇਆ ਮੋਹੁ ਧਰਕਟੀ ਨਾਰਿ॥	(ਧਰਕਟੀ)ਛੁੱਟੜ। ਧਰ-ਕੱਟੀ	Maaeiaa Mohu Dhharakattee Naar ||	Love of Maya is like a cursed woman,	(ਨਾਮ ਜਪਣ ਵਾਲੇ ਨੂੰ ਇਹ ਸਮਝ ਆ ਜਾਂਦੀ ਹੈ ਕਿ) ਮਾਇਆ ਦਾ ਮੋਹ ਇਕ ਵਿਭਚਾਰਨ ਇਸਤ੍ਰੀ ਦੇ ਮੋਹ ਸਮਾਨ ਹੈ,
33984	796	ਭੂੰਡੀ ਕਾਮਣਿ ਕਾਮਣਿਆਰਿ॥	(ਭੂੰਡੀ)ਭੈੜੀ। (ਕਾਮਣਿ)ਇਸਤ੍ਰੀ। (ਕਾਮਣਿਆਰਿ)ਟੂਣੇ ਕਰਨ ਵਾਲੀ। ਕੱਾਮਣਿ	Bhoonddee Kaaman Kaamaniaar ||	Ugly, dirty and promiscuous.	ਮਾਇਆ ਇਕ ਟੂਣੇ ਕਰਨ ਵਾਲੀ ਭੈੜੀ ਇਸਤ੍ਰੀ ਸਮਾਨ ਹੈ।
33985	796	ਰਾਜੁ ਰੂਪੁ ਝੂਠਾ ਦਿਨ ਚਾਰਿ॥		Raaj Roop Jhoothaa Dhin Chaar ||	Power and beauty are false, and last for only a few days.	ਦੁਨੀਆ ਦੀ ਹਕੂਮਤ ਤੇ ਸੁੰਦਰਤਾ ਨਾਸਵੰਤ ਹਨ, ਥੋੜੇ ਹੀ ਦਿਨ ਰਹਿਣ ਵਾਲੇ ਹਨ (ਪਰ ਇਹਨਾਂ ਦੇ ਅਸਰ ਹੇਠ ਮਨੁੱਖ ਜਹਾਲਤ ਦੇ ਹਨੇਰੇ ਵਿਚ ਜੀਵਨ ਵਿਚ ਜੀਵਨ-ਠੇਡੇ ਖਾਂਦਾ ਫਿਰਦਾ ਹੈ)।
33986	796	ਨਾਮੁ ਮਿਲੈ ਚਾਨਣੁ ਅੰਧਿਆਰਿ॥੨॥		Naam Milai Chaanan Andhhiaar ||2||	But when one is blessed with the Naam, the darkness within is illuminated. ||2||	ਜਿਸ ਮਨੁੱਖ ਨੂੰ ਪ੍ਰਭੂ ਦਾ ਨਾਮ ਮਿਲ ਜਾਂਦਾ ਹੈ, ਉਸ ਨੂੰ (ਮਾਇਆ ਦੇ ਮੋਹ ਦੇ) ਹਨੇਰੇ ਵਿਚ ਚਾਨਣ ਮਿਲ ਜਾਂਦਾ ਹੈ ॥੨॥

33987	796	ਚਖਿ ਛੋਡੀ ਸਹਸਾ ਨਹੀ ਕੋਇ॥		Chakh Shhoddee Sehasaa Nehee Koe ||	I tasted Maya and renounced it, and now, I have no doubts.	(ਇਹ ਗੱਲ ਚੰਗੀ ਤਰ੍ਹਾਂ) ਪਰਖ ਵੇਖੀ ਹੈ, ਜਿਸ ਵਿਚ ਕੋਈ ਸ਼ੱਕ ਨਹੀਂ,
33988	796	ਬਾਪੁ ਦਿਸੈ ਵੇਜਾਤਿ ਨ ਹੋਇ॥	ਜਿਸ ਗੁਰਸੇਵਕ ਜੀ ਦੇ (ਬਾਪੁ)ਪਿਤਾ ਪ੍ਰਮੇਸ਼ਰ ਜੀ ਹਨ, ਉਹ (ਵੇਜਾਤਿ)ਨੀਵੀਂ ਜ਼ਾਤ ਵਾਲਾ ਨਹੀਂ ਹੋ ਸਕਦਾ	Baap Dhisai Vaejaath N Hoe ||	One whose father is known, cannot be illegitimate.	ਕਿ ਜਿਸ ਦਾ ਪਿਉ ਪ੍ਰਤੱਖ ਦਿੱਸਦਾ ਹੋਵੇ ਉਹ ਭੈੜੇ ਅਸਲੇ ਵਾਲਾ ਨਹੀਂ ਅਖਵਾਂਦਾ (ਜੋ ਮਨੁੱਖ ਆਪਣੇ ਸਿਰ ਉਤੇ ਪਿਤਾ-ਪ੍ਰਭੂ ਨੂੰ ਰਾਖਾ ਮੰਨਦਾ ਹੈ ਉਹ ਵਿਕਾਰਾਂ ਵਲ ਨਹੀਂ ਪਰਤਦਾ)।
33989	796	ਏਕੇ ਕਉ ਨਾਹੀ ਭਉ ਕੋਇ॥		Eaekae Ko Naahee Bho Koe ||	One who belongs to the One Lord, has no fear.	ਇੱਕ ਪ੍ਰਭੂ-ਪਿਤਾ ਵਾਲੇ ਨੂੰ (ਕਿਸੇ ਤੋਂ) ਕੋਈ ਡਰ ਨਹੀਂ ਰਹਿੰਦਾ,
33990	796	ਕਰਤਾ ਕਰੇ ਕਰਾਵੈ ਸੋਇ॥੩॥		Karathaa Karae Karaavai Soe ||3||	The Creator acts, and causes all to act. ||3||	(ਕਿਉਂਕਿ ਉਸ ਨੂੰ) ਯਕੀਨ ਬਣਿਆ ਰਹਿੰਦਾ ਹੈ ਕਿ) ਉਹ ਪਰਮਾਤਮਾ ਹੀ ਸਭ ਕੁਝ ਕਰਦਾ ਹੈ ਤੇ (ਜੀਵਾਂ ਪਾਸੋਂ) ਕਰਾਂਦਾ ਹੈ ॥੩॥
33991	796	ਸਬਦਿ ਮੁਏ ਮਨੁ ਮਨ ਤੇ ਮਾਰਿਆ॥		Sabadh Mueae Man Man Thae Maariaa ||	One who dies in the Word of the Shabad conquers his mind, through his mind.	ਜਿਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਾ-ਭਾਵ ਮੁਕਾਂਦੇ ਹਨ ਆਪਣੇ ਮਨ ਨੂੰ ਮਾਇਕ ਫੁਰਨਿਆਂ ਵਲੋਂ ਰੋਕ ਲੈਂਦੇ ਹਨ,
33992	796	ਠਾਕਿ ਰਹੇ ਮਨੁ ਸਾਚੈ ਧਾਰਿਆ॥		Thaak Rehae Man Saachai Dhhaariaa ||	Keeping his mind restrained, he enshrines the True Lord within his heart.	ਉਹ ਵਿਕਾਰਾਂ ਵਲੋਂ ਰੁਕੇ ਰਹਿੰਦੇ ਹਨ ਕਿਉਂਕਿ ਸੱਚਾ ਕਰਤਾਰ ਉਹਨਾਂ ਦੇ ਮਨ ਨੂੰ (ਆਪਣੇ ਨਾਮ ਦਾ) ਆਸਰਾ ਦੇਂਦਾ ਹੈ।

33993	796	ਅਵਰੁ ਨ ਸੂਝੈ ਗੁਰ ਕਉ ਵਾਰਿਆ॥		Avar N Soojhai Gur Ko Vaariaa ||	He does not know any other, and he is a sacrifice to the Guru.	ਮੈਂ ਗੁਰੂ ਤੋਂ ਸਦਕੇ ਹਾਂ, ਉਸ ਤੋਂ ਬਿਨਾ ਕੋਈ ਹੋਰ ਐਸਾ ਨਹੀਂ (ਜੋ ਮਨ ਨੂੰ ਪ੍ਰਭੂ ਵਿਚ ਜੋੜਨ ਲਈ ਸਹਾਇਤਾ ਕਰੇ)।
33994	796	ਨਾਨਕ ਨਾਮਿ ਰਤੇ ਨਿਸਤਾਰਿਆ॥੪॥੩॥		Naanak Naam Rathae Nisathaariaa ||4||3||	O Nanak, attuned to the Naam, he is emancipated. ||4||3||	ਹੇ ਨਾਨਕ! ਪ੍ਰਭੂ-ਨਾਮ ਵਿਚ ਰੰਗੇ ਹੋਏ ਬੰਦਿਆਂ ਨੂੰ ਪ੍ਰਭੂ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੪॥੩॥
33995	796	ਬਿਲਾਵਲੁ ਮਹਲਾ ੧॥		Bilaaval Mehalaa 1 ||	Bilaaval, First Mehl:	
33996	796	ਗੁਰ ਬਚਨੀ ਮਨੁ ਸਹਜ ਧਿਆਨੇ॥		Gur Bachanee Man Sehaj Dhhiaanae ||	Through the Word of the Guru's Teachings, the mind intuitively meditates on the Lord.	ਗੁਰੂ ਦੇ ਬਚਨਾਂ ਉਤੇ ਤੁਰ ਕੇ ਜਿਨ੍ਹਾਂ ਦਾ ਮਨ ਅਡੋਲਤਾ ਦੀ ਸਮਾਧੀ ਲਾ ਲੈਂਦਾ ਹੈ (ਭਾਵ, ਵਿਕਾਰਾਂ ਵਲ ਡੋਲਣੋਂ ਹਟ ਜਾਂਦਾ ਹੈ),
33997	796	ਹਰਿ ਕੈ ਰੰਗਿ ਰਤਾ ਮਨੁ ਮਾਨੇ॥		Har Kai Rang Rathaa Man Maanae ||	Imbued with the Lord's Love, the mind is satisfied.	ਪਰਮਾਤਮਾ ਦੇ ਪ੍ਰੇਮ ਵਿਚ ਰੰਗਿਆ ਹੋਇਆ ਉਹ ਮਨ (ਪਰਮਾਤਮਾ ਦੀ ਯਾਦ ਵਿਚ ਹੀ) ਪਰਚਿਆ ਰਹਿੰਦਾ ਹੈ।
33998	796	ਮਨਮੁਖ ਭਰਮਿ ਭੁਲੇ ਬਉਰਾਨੇ॥		Manamukh Bharam Bhulae Bouraanae ||	The insane, self-willed manmukhs wander around, deluded by doubt.	(ਪਰ) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਝੱਲੇ ਹੋਏ ਭਟਕਣਾਂ ਵਿਚ ਪੈ ਕੇ ਕੁਰਾਹੇ ਪਏ ਰਹਿੰਦੇ ਹਨ।

33999	796	ਹਰਿ ਬਿਨੁ ਕਿਉ ਰਹੀਐ ਗੁਰ ਸਬਦਿ ਪਛਾਨੇ॥੧॥		Har Bin Kio Reheeai Gur Sabadh Pashhaanae ||1||	Without the Lord,how can anyone survive? Through the Word of the Guru's Shabad,He is realized. ||1||	ਗੁਰੂ ਦੇ ਸ਼ਬਦ ਦੀ ਰਾਹੀਂ ਜਿਨ੍ਹਾਂ ਦੀ ਸਾਂਝ (ਪ੍ਰਭੂ ਨਾਲ) ਬਣ ਜਾਂਦੀ ਹੈ ਉਹ ਪ੍ਰਭੂ (ਦੀ ਯਾਦ) ਤੋਂ ਬਿਨਾ ਰਹਿ ਨਹੀਂ ਸਕਦੇ ॥੧॥
34000	796	ਬਿਨੁ ਦਰਸਨ ਕੈਸੇ ਜੀਵਉ ਮੇਰੀ ਮਾਈ॥		Bin Dharasan Kaisae Jeevo Maeree Maaee ||	Without the Blessed Vision of His Darshan, how can I live, O my mother?	ਹੇ ਮੇਰੀ ਮਾਂ! ਹੁਣ ਮੈਂ ਪ੍ਰਭੂ ਦੇ ਦਰਸ਼ਨ ਤੋਂ ਬਿਨਾ ਵਿਆਕੁਲ ਹੋ ਜਾਂਦੀ ਹਾਂ।
34001	796	ਹਰਿ ਬਿਨੁ ਜੀਅਰਾ ਰਹਿ ਨ ਸਕੈ ਖਿਨੁ ਸਤਿਗੁਰਿ ਬੂਝ ਬੁਝਾਈ॥੧॥ਰਹਾਉ॥	ਬੂੱਝ। ਬੁੱਝਾਈ	Har Bin Jeearaa Rehi N Sakai Khin Sathigur Boojh Bujhaaee ||1|| Rehaao ||	Without the Lord, my soul cannot survive, even for an instant; the True Guru has helped me understand this. ||1||Pause||	(ਜਦੋਂ ਤੋਂ) ਸਤਿਗੁਰੂ ਨੇ (ਮੈਨੂੰ) ਸੁਮਤਿ ਸਮਝਾ ਦਿੱਤੀ ਹੈ (ਤਦੋਂ ਤੋਂ) ਮੇਰੀ ਜਿੰਦ ਪ੍ਰਭੂ (ਦੀ ਯਾਦ) ਤੋਂ ਬਿਨਾ ਰਹਿ ਨਹੀਂ ਸਕਦੀ ॥੧॥ ਰਹਾਉ ॥
34002	796	ਮੇਰਾ ਪ੍ਰਭੁ ਬਿਸਰੈ ਹਉ ਮਰਉ ਦੁਖਾਲੀ॥	ਦੁਖੱਾਲੀ	Maeraa Prabh Bisarai Ho Maro Dhukhaalee ||	Forgetting my God, I die in pain.	(ਜੇ ਕਦੇ) ਮੈਨੂੰ ਮੇਰਾ ਪ੍ਰਭੂ ਵਿੱਸਰ ਜਾਏ ਤਾਂ ਮੈਂ ਦੁੱਖੀ ਹੋ ਕੇ ਮਰਨ ਵਾਲੀ ਹੋ ਜਾਂਦੀ ਹਾਂ।
34003	796	ਸਾਸਿ ਗਿਰਾਸਿ ਜਪਉ ਅਪੁਨੇ ਹਰਿ ਭਾਲੀ॥	ਭੱਾਲੀ।	Saas Giraas Japo Apunae Har Bhaalee ||	With each breath and morsel of food, I meditate on my Lord, and seek Him.	ਮੈਂ ਇਕ ਇਕ ਸਾਹ ਤੇ ਗਿਰਾਹੀ ਦੇ ਨਾਲ (ਭੀ) ਆਪਣੇ ਪ੍ਰਭੂ ਨੂੰ ਯਾਦ ਕਰਦੀ ਹਾਂ ਤੇ ਉਸੇ ਨੂੰ ਭਾਲਦੀ ਰਹਿੰਦੀ ਹਾਂ।

34004	796	ਸਦ ਬੈਰਾਗਨਿ ਹਰਿ ਨਾਮੁ ਨਿਹਾਲੀ॥	ਨਿਹੱਾਲੀ	Sadh Bairaagan Har Naam Nihaalee ||	I remain always detached, but I am enraptured with the Lord's Name.	ਦੁਨੀਆ ਦੇ ਰਸਾਂ ਵਲੋਂ ਉਦਾਸ ਹੋ ਕੇ ਮੈਂ ਪ੍ਰਭੂ ਦੇ ਨਾਮ ਨੂੰ ਹੀ (ਆਪਣੀ ਨਿਗਾਹ ਵਿਚ) ਰੱਖਦੀ ਹਾਂ।
34005	796	ਅਬ ਜਾਨੇ ਗੁਰਮੁਖਿ ਹਰਿ ਨਾਲੀ॥੨॥	ਨੱਾਲੀ	Ab Jaanae Guramukh Har Naalee ||2||	Now, as Gurmukh, I know that the Lord is always with me. ||2||	ਗੁਰੂ ਦੀ ਸ਼ਰਨ ਪੈ ਕੇ ਮੈਨੂੰ ਹੁਣ ਸਮਝ ਆਈ ਹੈ ਕਿ ਪਰਮਾਤਮਾ (ਹਰ ਵੇਲੇ) ਮੇਰੇ ਅੰਗ-ਸੰਗ ਹੈ ॥੨॥
34006	796	ਅਕਥ ਕਥਾ ਕਹੀਐ ਗੁਰ ਭਾਇ॥	ਅ-ਕਥ:ਪੋਲਾ ਬੋਲੋ	Akathh Kathhaa Keheeai Gur Bhaae ||	The Unspoken Speech is spoken, by the Will of the Guru.	ਬੇਅੰਤ ਪ੍ਰਭੂ ਦੀ ਸਿਫ਼ਤਿ-ਸਾਲਾਹ ਗੁਰੂ ਦੇ ਅਨੁਸਾਰ ਰਿਹਾਂ ਹੀ ਕੀਤੀ ਜਾ ਸਕਦੀ ਹੈ।
34007	796	ਪ੍ਰਭੁ ਅਗਮ ਅਗੋਚਰੁ ਦੇਇ ਦਿਖਾਇ॥		Prabh Agam Agochar Dhaee Dhikhaae ||	He shows us that God is unapproachable and unfathomable.	ਗੁਰੂ ਉਸ ਪ੍ਰਭੂ ਦਾ ਦੀਦਾਰ ਕਰਾ ਦੇਂਦਾ ਹੈ ਜੋ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ।
34008	796	ਬਿਨੁ ਗੁਰ ਕਰਣੀ ਕਿਆ ਕਾਰ ਕਮਾਇ॥		Bin Gur Karanee Kiaa Kaar Kamaae ||	Without the Guru, what lifestyle could we practice, and what work could we do?	ਗੁਰੂ ਦੀ ਦੱਸੀ ਹੋਈ ਜੀਵਨ-ਜੁਗਤਿ ਤੋਂ ਬਿਨਾ (ਆਤਮਕ ਜੀਵਨ ਦੇ ਰਸਤੇ ਦੀ) ਕੋਈ ਹੋਰ ਕਾਰ ਕਰਨੀ ਵਿਅਰਥ ਹੈ।

34009	796	ਹਉਮੈ ਮੇਟਿ ਚਲੈ ਗੁਰ ਸਬਦਿ ਸਮਾਇ॥੩॥		Houmai Maett Chalai Gur Sabadh Samaae ||3||	Eradicating egotism, and walking in harmony with the Guru's Will, I am absorbed in the Word of the Shabad. ||3||	ਜੋ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ, ਉਹ ਆਪਣੀ ਹਉਮੈ ਦੂਰ ਕਰ ਕੇ (ਜੀਵਨ-ਰਾਹ ਤੇ) ਤੁਰਦਾ ਹੈ ॥੩॥
34010	796	ਮਨਮੁਖੁ ਵਿਛੁੜੈ ਖੋਟੀ ਰਾਸਿ॥		Manamukh Vishhurrai Khottee Raas ||	The self-willed manmukhs are separated from the Lord, gathering false wealth.	ਜੋ ਮਨੁੱਖ (ਗੁਰੂ ਦੇ ਦੱਸੇ ਰਾਹ ਉਤੇ ਤੁਰਨ ਦੇ ਥਾਂ) ਆਪਣੇ ਮਨ ਦੇ ਪਿੱਛੇ ਤੁਰਦਾ ਹੈ, ਉਹ ਪ੍ਰਭੂ ਤੋਂ ਵਿਛੁੜਿਆ ਰਹਿੰਦਾ ਹੈ, ਉਸ ਦੇ ਪੱਲੇ (ਆਤਮਕ ਜੀਵਨ-ਸਫ਼ਰ ਵਾਸਤੇ) ਖੋਟੀ ਪੂੰਜੀ ਹੈ।
34011	796	ਗੁਰਮੁਖਿ ਨਾਮਿ ਮਿਲੈ ਸਾਬਾਸਿ॥	(ਮਿਲੈ)ਦੇਲ੍ਹੀ ਦੀਵਾ	Guramukh Naam Milai Saabaas ||	The Gurmukhs are celebrated with the glory of the Naam, the Name of the Lord.	ਜੋ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹ ਪ੍ਰਭੂ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ, ਉਸ ਨੂੰ ਸੋਭਾ ਮਿਲਦੀ ਹੈ।
34012	796	ਹਰਿ ਕਿਰਪਾ ਧਾਰੀ ਦਾਸਨਿ ਦਾਸ॥		Har Kirapaa Dhhaaree Dhaasan Dhaas ||	The Lord has showered His Mercy upon me, and made me the slave of His slaves.	ਪ੍ਰਭੂ ਮੇਹਰ ਕਰ ਕੇ ਜਿਸ ਨੂੰ ਆਪਣੇ ਸੇਵਕਾਂ ਦਾ ਦਾਸ ਬਣਾਂਦਾ ਹੈ,
34013	796	ਜਨ ਨਾਨਕ ਹਰਿ ਨਾਮ ਧਨੁ ਰਾਸਿ॥੪॥੪॥		Jan Naanak Har Naam Dhhan Raas ||4||4||	The Name of the Lord is the wealth and capital of servant Nanak. ||4||4||	ਹੇ ਦਾਸ ਨਾਨਕ! ਉਸ ਨੂੰ ਪ੍ਰਭੂ ਦਾ ਨਾਮ-ਧਨ ਮਿਲਦਾ ਹੈ, ਉਸ ਨੂੰ ਹਰਿ-ਨਾਮ ਦੀ ਪੂੰਜੀ ਮਿਲਦੀ ਹੈ ॥੪॥੪॥

34014	796	ਬਿਲਾਵਲੁ ਮਹਲਾ ੩ ਘਰੁ ੧		Bilaaval Mehalaa 3 Ghar 1	Bilaaval, Third Mehl, First House:	ਰਾਗ ਬਿਲਾਵਲੁ, ਘਰ ੧ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।
34015	796	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
34016	796	ਧ੍ਰਿਗੁ ਧ੍ਰਿਗੁ ਖਾਇਆ ਧ੍ਰਿਗੁ ਧ੍ਰਿਗੁ ਸੋਇਆ ਧ੍ਰਿਗੁ ਧ੍ਰਿਗੁ ਕਾਪੜੁ ਅੰਗਿ ਚੜਾਇਆ॥	ਚੜ੍ਹਾਇਆ	Dhhrig Dhhrig Khaaeiaa Dhhrig Dhhrig Soeiaa Dhhrig Dhhrig Kaaparr Ang Charraaeiaa ||	Cursed, cursed is the food; cursed, cursed is the sleep; cursed, cursed are the clothes worn on the body.	ਹੇ ਭਾਈ! ਜੇ ਇਸ ਸਰੀਰ ਦੀ ਰਾਹੀਂ ਇਸ ਜਨਮ ਵਿਚ ਖਸਮ-ਪ੍ਰਭੂ ਦਾ ਮਿਲਾਪ ਹਾਸਲ ਨਹੀਂ ਕੀਤਾ, ਤਾਂ ਇਹ ਸਰੀਰ ਫਿਟਕਾਰ-ਜੋਗ ਹੈ, (ਨੱਕ ਕੰਨ ਅੱਖਾਂ ਆਦਿਕ ਸਾਰੇ) ਪਰਵਾਰ ਸਮੇਤ ਫਿਟਕਾਰ-ਜੋਗ ਹੈ।
34017	796	ਧ੍ਰਿਗੁ ਸਰੀਰੁ ਕੁਟੰਬ ਸਹਿਤ ਸਿਉ ਜਿਤੁ ਹੁਣਿ ਖਸਮੁ ਨ ਪਾਇਆ॥		Dhhrig Sareer Kuttanb Sehith Sio Jith Hun Khasam N Paaeiaa ||	Cursed is the body, along with family and friends, when one does not find his Lord and Master in this life.	(ਮਨੁੱਖ ਦਾ ਸਭ ਕੁਝ) ਖਾਣਾ ਫਿਟਕਾਰ-ਜੋਗ ਹੈ, ਸੌਣਾ (ਸੁਖ-ਆਰਾਮ) ਫਿਟਕਾਰ-ਜੋਗ ਹੈ, ਸਰੀਰ ਉਤੇ ਕੱਪੜਾ ਪਹਿਨਣਾ ਫਿਟਕਾਰ-ਜੋਗ ਹੈ।

34018	796	ਪਉੜੀ ਛੁੜਕੀ ਫਿਰਿ ਹਾਥਿ ਨ ਆਵੈ ਅਹਿਲਾ ਜਨਮੁ ਗਵਾਇਆ॥੧॥		Pourree Shhurrakee Fir Haathh N Aavai Ahilaa Janam Gavaaeiaa ||1||	He misses the step of the ladder, and this opportunity will not come into his hands again; his life is wasted, uselessly. ||1||	(ਹੇ ਭਾਈ! ਇਹ ਮਨੁੱਖਾ ਸਰੀਰ ਪ੍ਰਭੂ ਦੇ ਦੇਸ ਵਿਚ ਪਹੁੰਚਣ ਲਈ ਪੌੜੀ ਹੈ) ਜੇ ਇਹ ਪੌੜੀ (ਹੱਥੋਂ) ਨਿਕਲ ਜਾਏ ਤਾਂ ਮੁੜ ਹੱਥ ਵਿਚ ਨਹੀਂ ਆਉਂਦੀ। ਮਨੁੱਖ ਆਪਣਾ ਬੜਾ ਕੀਮਤੀ ਜੀਵਨ ਗਵਾ ਲੈਂਦਾ ਹੈ ॥੧॥
34019	796	ਦੂਜਾ ਭਾਉ ਨ ਦੇਈ ਲਿਵ ਲਾਗਣਿ ਜਿਨਿ ਹਰਿ ਕੇ ਚਰਣ ਵਿਸਾਰੇ॥		Dhoojaa Bhaao N Dhaeee Liv Laagan Jin Har Kae Charan Visaarae ||	The love of duality does not allow him to lovingly focus his attention on the Lord; he forgets the Feet of the Lord.	ਹੇ ਭਾਈ! ਮਾਇਆ ਦਾ ਮੋਹ, ਜਿਸ ਨੇ (ਜੀਵਾਂ ਨੂੰ) ਪਰਮਾਤਮਾ ਦੇ ਚਰਨ (ਮਨ ਵਿਚ ਵਸਾਏ) ਭੁਲਾ ਦਿੱਤੇ ਹਨ, (ਪਰਮਾਤਮਾ ਦੇ ਚਰਨਾਂ ਵਿਚ) ਸੁਰਤ ਜੋੜਨ ਨਹੀਂ ਦੇਂਦਾ।
34020	796	ਜਗਜੀਵਨ ਦਾਤਾ ਜਨ ਸੇਵਕ ਤੇਰੇ ਤਿਨ ਕੇ ਤੈ ਦੂਖ ਨਿਵਾਰੇ॥੧॥ਰਹਾਉ॥	ਜੱਗਜੀਵਨ	Jagajeevan Dhaathaa Jan Saevak Thaerae Thin Kae Thai Dhookh Nivaarae ||1|| Rehaao ||	O Life of the World, O Great Giver, you eradicate the sorrows of your humble servants. ||1||Pause||	ਹੇ ਪ੍ਰਭੂ! ਤੂੰ ਆਪ ਹੀ ਜਗਤ ਨੂੰ ਆਤਮਕ ਜੀਵਨ ਦੇਣ ਵਾਲਾ ਹੈਂ। ਜੇਹੜੇ ਬੰਦੇ ਤੇਰੇ ਸੇਵਕ ਬਣਦੇ ਹਨ, ਉਹਨਾਂ ਦੇ ਤੂੰ (ਮੋਹ ਤੋਂ ਪੈਦਾ ਹੋਣ ਵਾਲੇ ਸਾਰੇ) ਦੁੱਖ ਦੂਰ ਕਰ ਦਿੱਤੇ ਹਨ ॥੧॥ ਰਹਾਉ ॥

34021	796	ਤੂ ਦਇਆਲੁ ਦਇਆ ਪਤਿ ਦਾਤਾ ਕਿਆ ਏਹਿ ਜੰਤ ਵਿਚਾਰੇ॥	ਦਇਆ ਤੇ ਪਤਿ ਇਜ਼ਤ ਦੇ ਦਾਤੇ। ਦਇਆ-ਪਤਿ	Thoo Dhaeiaal Dhaeiaapath Dhaathaa Kiaa Eaehi Janth Vichaarae ||	You are Merciful, O Great Giver of Mercy; what are these poor beings?	ਹੇ ਪ੍ਰਭੂ! ਤੂੰ (ਆਪ ਹੀ) ਦਇਆ ਦਾ ਘਰ ਹੈਂ, ਦਇਆ ਦਾ ਮਾਲਕ ਹੈਂ, ਤੂੰ ਆਪ ਹੀ (ਆਪਣੇ ਚਰਨਾਂ ਦੀ ਪ੍ਰੀਤ) ਦੇਣ ਵਾਲਾ ਹੈਂ (ਤੇਰੇ ਪੈਦਾ ਕੀਤੇ) ਇਹਨਾਂ ਜੀਵਾਂ ਦੇ ਵੱਸ ਵਿਚ ਕੁਝ ਨਹੀਂ।
34022	796	ਮੁਕਤ ਬੰਧ ਸਭਿ ਤੁਝ ਤੇ ਹੋਏ ਐਸਾ ਆਖਿ ਵਖਾਣੇ॥		Mukath Bandhh Sabh Thujh Thae Hoeae Aisaa Aakh Vakhaanae ||	All are liberated or placed into bondage by You; this is all one can say.	ਤੇਰੇ ਹੀ ਹੁਕਮ ਵਿਚ ਕਈ ਜੀਵ ਮਾਇਆ ਦੇ ਮੋਹ ਤੋਂ ਆਜ਼ਾਦ ਹੋ ਜਾਂਦੇ ਹਨ, ਕਈ ਜੀਵ ਮੋਹ ਵਿਚ ਬੱਝੇ ਰਹਿੰਦੇ ਹਨ-ਕੋਈ ਵਿਰਲਾ ਗੁਰਮੁਖਿ ਇਹ ਗੱਲ ਆਖ ਕੇ ਸਮਝਾਂਦਾ ਹੈ।
34023	796	ਗੁਰਮੁਖਿ ਹੋਵੈ ਸੋ ਮੁਕਤਿ ਕਹੀਐ ਮਨਮੁਖ ਬੰਧ ਵਿਚਾਰੇ॥੨॥		Guramukh Hovai So Mukath Keheeai Manamukh Bandhh Vichaarae ||2||	One who becomes Gurmukh is said to be liberated, while the poor self-willed manmukhs are in bondage. ||2||	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹ ਮਾਇਆ ਦੇ ਮੋਹ ਤੋਂ ਆਜ਼ਾਦ ਕਿਹਾ ਜਾਂਦਾ ਹੈ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਵਿਚਾਰੇ ਮੋਹ ਵਿਚ ਬੱਝੇ ਰਹਿੰਦੇ ਹਨ ॥੨॥
34024	796	ਸੋ ਜਨੁ ਮੁਕਤੁ ਜਿਸੁ ਏਕ ਲਿਵ ਲਾਗੀ ਸਦਾ ਰਹੈ ਹਰਿ ਨਾਲੇ॥		So Jan Mukath Jis Eaek Liv Laagee Sadhaa Rehai Har Naalae ||	He alone is liberated, who lovingly focuses his attention on the One Lord, always dwelling with the Lord.	ਜਿਸ ਮਨੁੱਖ ਦੀ ਸੁਰਤ ਇਕ ਪ੍ਰਭੂ ਵਿਚ ਜੁੜੀ ਰਹਿੰਦੀ ਹੈ ਉਹ ਮਨੁੱਖ ਮੋਹ ਤੋਂ ਆਜ਼ਾਦ ਹੋ ਜਾਂਦਾ ਹੈ, ਉਹ ਸਦਾ ਪ੍ਰਭੂ-ਚਰਨਾਂ ਵਿਚ ਜੁੜਿਆ ਰਹਿੰਦਾ ਹੈ।

34025	796	ਤਿਨ ਕੀ ਗਹਣਗਤਿ ਕਹੀ ਨ ਜਾਈ ਸਚੈ ਆਪਿ ਸਵਾਰੇ॥	ਗਹਣਗਤਿ ਪ੍ਰਾਪਤੀ ਦੀ ਅਵਸਥਾ	Thin Kee Gehan Gath Kehee N Jaaee Sachai Aap Savaarae ||	His depth and condition cannot be described. The True Lord Himself embellishes him.	ਇਹੋ ਜਿਹੇ ਬੰਦਿਆਂ ਦੀ ਡੂੰਘੀ ਆਤਮਕ ਅਵਸਥਾ ਬਿਆਨ ਨਹੀਂ ਕੀਤੀ ਜਾ ਸਕਦੀ। ਥਿਰ ਰਹਿਣ ਵਾਲੇ ਪ੍ਰਭੂ ਨੇ ਆਪ ਹੀ ਉਹਨਾਂ ਦਾ ਜੀਵਨ ਸੋਹਣਾ ਬਣਾ ਦਿੱਤਾ ਹੁੰਦਾ ਹੈ।
34026	797	ਭਰਮਿ ਭੁਲਾਣੇ ਸਿ ਮਨਮੁਖ ਕਹੀਅਹਿ ਨਾ ਉਰਵਾਰਿ ਨ ਪਾਰੇ॥੩॥		Bharam Bhulaanae S Manamukh Keheeahi Naa Ouravaar N Paarae ||3||	Those who wander around, deluded by doubt, are called manmukhs; they are neither on this side, nor on the other side. ||3||	ਪਰ ਜੇਹੜੇ ਬੰਦੇ ਮਾਇਆ ਦੀ ਭਟਕਣਾ ਵਿਚ ਪੈ ਕੇ ਜੀਵਨ-ਰਾਹ ਤੋਂ ਖੁੰਝੇ ਰਹਿੰਦੇ ਹਨ, ਉਹ ਬੰਦੇ ਮਨਮੁਖ ਕਹੇ ਜਾਂਦੇ ਹਨ (ਉਹ ਮਾਇਆ ਦੇ ਮੋਹ ਦੇ ਸਮੁੰਦਰ ਵਿਚ ਡੁੱਬੇ ਰਹਿੰਦੇ ਹਨ) ਉਹ ਨਾਹ ਉਰਲੇ ਪਾਸੇ ਜੋਗੇ ਅਤੇ ਨਾਹ ਪਾਰ ਲੰਘਣ ਜੋਗੇ ॥੩॥
34027	797	ਜਿਸ ਨੋ ਨਦਰਿ ਕਰੇ ਸੋਈ ਜਨੁ ਪਾਏ ਗੁਰ ਕਾ ਸਬਦੁ ਸਮ੍ਹਾਲੇ॥		Jis No Nadhar Karae Soee Jan Paaeae Gur Kaa Sabadh Samhaalae ||	That humble being, who is blessed by the Lord's Glance of Grace obtains Him, and contemplates the Word of the Guru's Shabad.	(ਪਰ ਜੀਵ ਦੇ ਕੀਹ ਵੱਸ?) ਜਿਸ ਮਨੁੱਖ ਉਤੇ ਪ੍ਰਭੂ ਮੇਹਰ ਦੀ ਨਿਗਾਹ ਕਰਦਾ ਹੈ ਉਹੀ ਮਨੁੱਖ (ਗੁਰੂ ਦਾ ਸ਼ਬਦ) ਪ੍ਰਾਪਤ ਕਰਦਾ ਹੈ, ਉਹ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਹਿਰਦੇ ਵਿਚ ਸਾਂਭ ਕੇ ਰੱਖਦਾ ਹੈ।
34028	797	ਹਰਿ ਜਨ ਮਾਇਆ ਮਾਹਿ ਨਿਸਤਾਰੇ॥		Har Jan Maaeiaa Maahi Nisathaarae ||	In the midst of Maya, the Lord's servant is emancipated.	(ਇਸੇ ਤਰ੍ਹਾਂ) ਪ੍ਰਭੂ ਆਪਣੇ ਸੇਵਕਾਂ ਨੂੰ ਮਾਇਆ ਵਿਚ (ਰੱਖ ਕੇ ਭੀ, ਮੋਹ ਦੇ ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ।

34029	797	ਨਾਨਕ ਭਾਗੁ ਹੋਵੈ ਜਿਸੁ ਮਸਤਕਿ ਕਾਲਹਿ ਮਾਰਿ ਬਿਦਾਰੇ॥੪॥੧॥		Naanak Bhaag Hovai Jis Masathak Kaalehi Maar Bidhaarae ||4||1||	O Nanak, one who has such destiny inscribed upon his forehead, conquers and destroys death. ||4||1||	ਹੇ ਨਾਨਕ! ਜਿਸ ਮਨੁੱਖ ਦੇ ਮੱਥੇ ਉਤੇ ਭਾਗ ਜਾਗ ਪੈਂਦਾ ਹੈ, ਉਹ (ਆਪਣੇ ਅੰਦਰੋਂ) ਆਤਮਕ ਮੌਤ ਨੂੰ ਮਾਰ ਕੇ ਮੁਕਾ ਦੇਂਦਾ ਹੈ ॥੪॥੧॥
34030	797	ਬਿਲਾਵਲੁ ਮਹਲਾ ੩॥		Bilaaval Mehalaa 3 ||	Bilaaval, Third Mehl:	
34031	797	ਅਤੁਲੁ ਕਿਉ ਤੋਲਿਆ ਜਾਇ॥	ਅ-ਤੁੱਲੁ	Athul Kio Tholiaa Jaae ||	How can the unweighable be weighed?	(ਜਿਸ ਮਨੁੱਖ ਦੇ ਅੰਦਰੋਂ ਭਟਕਣਾ ਮੇਰ-ਤੇਰ ਦੂਰ ਹੋ ਜਾਂਦੀ ਹੈ ਉਸ ਨੂੰ ਯਕੀਨ ਆ ਜਾਂਦਾ ਹੈ ਕਿ) ਪਰਮਾਤਮਾ ਦੀ ਹਸਤੀ ਨੂੰ ਮਿਣਿਆ ਨਹੀਂ ਜਾ ਸਕਦਾ,
34032	797	ਦੂਜਾ ਹੋਇ ਤ ਸੋਝੀ ਪਾਇ॥		Dhoojaa Hoe Th Sojhee Paae ||	If there is anyone else as great, then he alone could understand the Lord.	ਉਸ ਦੇ ਬਰਾਬਰ ਦਾ ਕੋਈ ਦੱਸਿਆ ਨਹੀਂ ਜਾ ਸਕਦਾ।
34033	797	ਤਿਸ ਤੇ ਦੂਜਾ ਨਾਹੀ ਕੋਇ॥		This Thae Dhoojaa Naahee Koe ||	There is no other than Him.	(ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਪਰਮਾਤਮਾ ਤੋਂ ਵੱਖਰਾ ਹੋਰ ਕੋਈ ਨਹੀਂ ਹੈ,
34034	797	ਤਿਸ ਦੀ ਕੀਮਤਿ ਕਿਕੂ ਹੋਇ॥੧॥		This Dhee Keemath Kikoo Hoe ||1||	How can His value be estimated? ||1||	(ਇਸ ਵਾਸਤੇ) ਪਰਮਾਤਮਾ ਦੇ ਬਰਾਬਰ ਦੀ ਹੋਰ ਕੋਈ ਹਸਤੀ ਦੱਸੀ ਨਹੀਂ ਜਾ ਸਕਦੀ ॥੧॥

34035	797	ਗੁਰ ਪਰਸਾਦਿ ਵਸੈ ਮਨਿ ਆਇ॥		Gur Parasaadh Vasai Man Aae ||	By Guru's Grace, He comes to dwell in the mind.	(ਜਦੋਂ) ਗੁਰੂ ਦੀ ਕਿਰਪਾ ਨਾਲ (ਕਿਸੇ ਵਡਭਾਗੀ ਮਨੁੱਖ ਦੇ) ਮਨ ਵਿਚ (ਪਰਮਾਤਮਾ) ਆ ਵੱਸਦਾ ਹੈ,
34036	797	ਤਾ ਕੋ ਜਾਨੈ ਦੁਬਿਧਾ ਜਾਇ॥੧॥ਰਹਾਉ॥		Thaa Ko Jaanai Dhubidhhaa Jaae ||1|| Rehaao ||	One comes to know Him, when duality departs. ||1||Pause||	ਤਦੋਂ ਉਹ ਮਨੁੱਖ (ਪਰਮਾਤਮਾ ਨਾਲ) ਡੂੰਘੀ ਸਾਂਝ ਪਾ ਲੈਂਦਾ ਹੈ, ਤੇ, (ਉਸ ਦੇ ਅੰਦਰੋਂ) ਭਟਕਣਾ ਦੂਰ ਹੋ ਜਾਂਦੀ ਹੈ ॥੧॥ ਰਹਾਉ ॥
34037	797	ਆਪਿ ਸਰਾਫੁ ਕਸਵਟੀ ਲਾਏ॥		Aap Saraaf Kasavattee Laaeae ||	He Himself is the Assayer, applying the touch-stone to test it.	(ਜਿਸ ਦੇ ਅੰਦਰ ਪ੍ਰਭੂ ਪਰਗਟ ਹੋ ਜਾਂਦਾ ਹੈ, ਉਸ ਨੂੰ ਯਕੀਨ ਆ ਜਾਂਦਾ ਹੈ ਕਿ) ਪਰਮਾਤਮਾ ਆਪ ਹੀ (ਉੱਚੇ ਜੀਵਨ-ਮਿਆਰ ਦੀ) ਕਸਵੱਟੀ ਵਰਤ ਕੇ (ਜੀਵਾਂ ਦੇ ਜੀਵਨ) ਪਰਖਣ ਵਾਲਾ ਹੈ।
34038	797	ਆਪੇ ਪਰਖੇ ਆਪਿ ਚਲਾਏ॥		Aapae Parakhae Aap Chalaaeae ||	He Himself analyzes the coin, and He Himself approves it as currency.	ਪ੍ਰਭੂ ਆਪ ਹੀ ਪਰਖ ਕਰਦਾ ਹੈ, ਤੇ (ਪਰਵਾਨ ਕਰ ਕੇ ਉਸ ਉੱਚੇ ਜੀਵਨ ਨੂੰ) ਜੀਵਾਂ ਦੇ ਸਾਹਮਣੇ ਲਿਆਉਂਦਾ ਹੈ (ਜਿਵੇਂ ਖਰਾ ਸਿੱਕਾ ਲੋਕਾਂ ਵਿਚ ਪਰਚਲਤ ਕੀਤਾ ਜਾਂਦਾ ਹੈ)।
34039	797	ਆਪੇ ਤੋਲੇ ਪੂਰਾ ਹੋਇ॥		Aapae Tholae Pooraa Hoe ||	He Himself weights it perfectly.	ਪ੍ਰਭੂ ਆਪ ਹੀ (ਜੀਵਾਂ ਦੇ ਜੀਵਨ ਨੂੰ) ਜਾਂਚਦਾ-ਪਰਖਦਾ ਹੈ, (ਉਸ ਦੀ ਮੇਹਰ ਨਾਲ ਹੀ ਕੋਈ ਜੀਵਨ ਉਸ ਪਰਖ ਵਿਚ) ਪੂਰਾ ਉਤਰਦਾ ਹੈ।

34040	797	ਆਪੇ ਜਾਣੈ ਏਕੋ ਸੋਇ॥੨॥		Aapae Jaanai Eaeko Soe ||2||	He alone knows; He is the One and Only Lord. ||2||	ਸਿਰਫ਼ ਉਹ ਪਰਮਾਤਮਾ ਆਪ ਹੀ (ਇਸ ਖੇਡ ਨੂੰ) ਜਾਣਦਾ ਹੈ ॥੨॥
34041	797	ਮਾਇਆ ਕਾ ਰੂਪੁ ਸਭੁ ਤਿਸ ਤੇ ਹੋਇ॥		Maaeiaa Kaa Roop Sabh This Thae Hoe ||	All the forms of Maya emanate from Him.	ਮਾਇਆ ਦੀ ਸਾਰੀ ਹੋਂਦ ਉਸ ਪਰਮਾਤਮਾ ਤੋਂ ਹੀ ਬਣੀ ਹੈ।
34042	797	ਜਿਸ ਨੋ ਮੇਲੇ ਸੁ ਨਿਰਮਲੁ ਹੋਇ॥		Jis No Maelae S Niramal Hoe ||	He alone becomes pure and immaculate, who is united with the Lord.	ਜਿਸ ਮਨੁੱਖ ਨੂੰ ਪ੍ਰਭੂ (ਆਪਣੇ ਨਾਲ) ਮਿਲਾਂਦਾ ਹੈ, ਉਹ (ਇਸ ਮਾਇਆ ਤੋਂ ਨਿਰਲੇਪ ਰਹਿ ਕੇ) ਪਵਿੱਤ੍ਰ ਜੀਵਨ ਵਾਲਾ ਬਣ ਜਾਂਦਾ ਹੈ।
34043	797	ਜਿਸ ਨੋ ਲਾਏ ਲਗੈ ਤਿਸੁ ਆਇ॥		Jis No Laaeae Lagai This Aae ||	He alone is attached, whom the Lord attaches.	ਜਿਸ ਮਨੁੱਖ ਨੂੰ (ਪ੍ਰਭੂ ਆਪ ਆਪਣੀ ਮਾਇਆ) ਚੰਬੋੜ ਦੇਂਦਾ ਹੈ, ਉਸ ਨੂੰ ਇਹ ਆ ਚੰਬੜਦੀ ਹੈ।
34044	797	ਸਭੁ ਸਚੁ ਦਿਖਾਲੇ ਤਾ ਸਚਿ ਸਮਾਇ॥੩॥		Sabh Sach Dhikhaalae Thaa Sach Samaae ||3||	All Truth is revealed to him, and then, he merges in the True Lord. ||3||	(ਜਦੋਂ ਕਿਸੇ ਮਨੁੱਖ ਨੂੰ ਗੁਰੂ ਦੀ ਰਾਹੀਂ) ਹਰ ਥਾਂ ਆਪਣਾ ਸਦਾ ਕਾਇਮ ਰਹਿਣ ਵਾਲਾ ਸਰੂਪ ਵਿਖਾਂਦਾ ਹੈ, ਤਦੋਂ ਉਹ ਮਨੁੱਖ ਉਸ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ ॥੩॥
34045	797	ਆਪੇ ਲਿਵ ਧਾਤੁ ਹੈ ਆਪੇ॥		Aapae Liv Dhhaath Hai Aapae ||	He Himself leads the mortals to focus on Him, and He Himself causes them to chase after Maya.	(ਹੇ ਭਾਈ! ਪ੍ਰਭੂ) ਆਪ ਹੀ (ਆਪਣੇ ਚਰਨਾਂ ਵਿਚ) ਮਗਨਤਾ (ਦੇਣ ਵਾਲਾ ਹੈ), ਆਪ ਹੀ ਮਾਇਆ (ਚੰਬੋੜਨ ਵਾਲਾ) ਹੈ।

34046	797	ਆਪਿ ਬੁਝਾਏ ਆਪੇ ਜਾਪੇ॥		Aap Bujhaaeae Aapae Jaapae ||	He Himself imparts understanding, and He reveals Himself.	ਪ੍ਰਭੂ ਆਪ ਹੀ (ਸਹੀ ਜੀਵਨ ਦੀ) ਸੂਝ ਬਖ਼ਸ਼ਦਾ ਹੈ, ਆਪ ਹੀ (ਜੀਵਾਂ ਵਿਚ ਵਿਆਪਕ ਹੋ ਕੇ ਆਪਣਾ ਨਾਮ) ਜਪਦਾ ਹੈ।
34047	797	ਆਪੇ ਸਤਿਗੁਰੁ ਸਬਦੁ ਹੈ ਆਪੇ॥		Aapae Sathigur Sabadh Hai Aapae ||	He Himself is the True Guru, and He Himself is the Word of the Shabad.	ਪ੍ਰਭੂ ਆਪ ਹੀ ਗੁਰੂ ਹੈ, ਆਪ ਹੀ (ਗੁਰੂ ਦਾ) ਸ਼ਬਦ ਹੈ।
34048	797	ਨਾਨਕ ਆਖਿ ਸੁਣਾਏ ਆਪੇ॥੪॥੨॥		Naanak Aakh Sunaaeae Aapae ||4||2||	O Nanak, He Himself speaks and teaches. ||4||2||	ਹੇ ਨਾਨਕ! ਪ੍ਰਭੂ ਆਪ ਹੀ (ਗੁਰੂ ਦਾ ਸ਼ਬਦ) ਉਚਾਰ ਕੇ (ਹੋਰਨਾਂ ਨੂੰ) ਸੁਣਾਂਦਾ ਹੈ (ਇਹ ਹੈ ਸਰਧਾ ਉਸ ਵਡਭਾਗੀ ਦੀ ਜਿਸ ਦੇ ਮਨ ਵਿਚ ਉਹ ਪ੍ਰਭੂ ਗੁਰੂ ਦੀ ਕਿਰਪਾ ਨਾਲ ਆ ਵੱਸਦਾ ਹੈ) ॥੪॥੨॥
34049	797	ਬਿਲਾਵਲੁ ਮਹਲਾ ੩॥		Bilaaval Mehalaa 3 ||	Bilaaval, Third Mehl:	
34050	797	ਸਾਹਿਬ ਤੇ ਸੇਵਕੁ ਸੇਵ ਸਾਹਿਬ ਤੇ ਕਿਆ ਕੋ ਕਹੈ ਬਹਾਨਾ॥		Saahib Thae Saevak Saev Saahib Thae Kiaa Ko Kehai Behaanaa ||	My Lord and Master has made me His servant, and blessed me with His service; how can anyone argue about this?	(ਹੇ ਭਾਈ!) ਮਾਲਕ-ਪ੍ਰਭੂ ਦੀ ਮੇਹਰ ਨਾਲ ਹੀ (ਕੋਈ ਮਨੁੱਖ ਉਸ ਦਾ) ਭਗਤ ਬਣਦਾ ਹੈ, ਮਾਲਕ-ਪ੍ਰਭੂ ਦੀ ਕਿਰਪਾ ਨਾਲ ਹੀ (ਮਨੁੱਖ ਨੂੰ ਉਸ ਦੀ) ਸੇਵਾ-ਭਗਤੀ ਪ੍ਰਾਪਤ ਹੁੰਦੀ ਹੈ। (ਇਹ ਸੇਵਾ-ਭਗਤੀ ਕਿਸੇ ਨੂੰ ਭੀ ਉਸ ਦੇ ਆਪਣੇ ਉੱਦਮ ਨਾਲ ਨਹੀਂ ਮਿਲਦੀ) ਕੋਈ ਭੀ ਮਨੁੱਖ ਅਜੇਹੀ ਗ਼ਲਤ ਦਲੀਲ ਨਹੀਂ ਦੇ ਸਕਦਾ।

34051	797	ਐਸਾ ਇਕੁ ਤੇਰਾ ਖੇਲੁ ਬਨਿਆ ਹੈ ਸਭ ਮਹਿ ਏਕੁ ਸਮਾਨਾ॥੧॥		Aisaa Eik Thaeraa Khael Baniaa Hai Sabh Mehi Eaek Samaanaa ||1||	Such is Your play, One and Only Lord; You are the One, contained among all. ||1||	ਹੇ ਪ੍ਰਭੂ! ਇਹ ਤੇਰਾ ਇਕ ਅਚਰਜ ਤਮਾਸ਼ਾ ਬਣਿਆ ਹੋਇਆ ਹੈ (ਕਿ ਤੇਰੀ ਭਗਤੀ ਤੇਰੀ ਮੇਹਰ ਨਾਲ ਹੀ ਮਿਲਦੀ ਹੈ, ਉਂਞ) ਤੂੰ ਸਭ ਜੀਵਾਂ ਵਿਚ ਆਪ ਹੀ ਸਮਾਇਆ ਹੋਇਆ ਹੈਂ ॥੧॥
34052	797	ਸਤਿਗੁਰਿ ਪਰਚੈ ਹਰਿ ਨਾਮਿ ਸਮਾਨਾ॥		Sathigur Parachai Har Naam Samaanaa ||	When the True Guru is pleased and appeased, one is absorbed in the Lord's Name.	ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਦਾ ਨਾਮ ਜਪਣ ਵਿਚ) ਗਿੱਝ ਜਾਂਦਾ ਹੈ, ਉਹ ਪਰਮਾਤਮਾ ਦੇ ਨਾਮ ਵਿਚ (ਸਦਾ) ਲੀਨ ਰਹਿੰਦਾ ਹੈ।
34053	797	ਜਿਸੁ ਕਰਮੁ ਹੋਵੈ ਸੋ ਸਤਿਗੁਰੁ ਪਾਏ ਅਨ ਦਿਨੁ ਲਾਗੈ ਸਹਜ ਧਿਆਨਾ॥੧॥ਰਹਾਉ ॥		Jis Karam Hovai So Sathigur Paaeae Anadhin Laagai Sehaj Dhhiaanaa ||1|| Rehaao ||	One who is blessed by the Lord's Mercy, finds the True Guru; night and day, he automatically remains focused on the Lord's meditation. ||1||Pause||	(ਪਰ) ਗੁਰੂ (ਭੀ) ਉਸੇ ਨੂੰ ਮਿਲਦਾ ਹੈ ਜਿਸ ਉਤੇ ਪ੍ਰਭੂ ਦੀ ਕਿਰਪਾ ਹੁੰਦੀ ਹੈ, ਫਿਰ ਹਰ ਵੇਲੇ ਉਸ ਦੀ ਸੁਰਤ ਆਤਮਕ ਅਡੋਲਤਾ ਪੈਦਾ ਕਰਨ ਵਾਲੀ ਅਵਸਥਾ ਵਿਚ ਜੁੜੀ ਰਹਿੰਦੀ ਹੈ ॥੧॥ ਰਹਾਉ ॥
34054	797	ਕਿਆ ਕੋਈ ਤੇਰੀ ਸੇਵਾ ਕਰੇ ਕਿਆ ਕੋ ਕਰੇ ਅਭਿਮਾਨਾ॥		Kiaa Koee Thaeree Saevaa Karae Kiaa Ko Karae Abhimaanaa ||	How can I serve You? How can I be proud of this?	ਹੇ ਪ੍ਰਭੂ! (ਆਪਣੇ ਉੱਦਮ ਨਾਲ) ਕੋਈ ਭੀ ਮਨੁੱਖ ਤੇਰੀ ਸੇਵਾ-ਭਗਤੀ ਨਹੀਂ ਕਰ ਸਕਦਾ, ਕੋਈ ਮਨੁੱਖ ਅਜੇਹਾ ਕੋਈ ਮਾਣ ਨਹੀਂ ਕਰ ਸਕਦਾ।

34055	797	ਜਬ ਅਪੁਨੀ ਜੋਤਿ ਖਿੰਚਹਿ ਤੂ ਸੁਆਮੀ ਤਬ ਕੋਈ ਕਰਉ ਦਿਖਾ ਵਖਿਆਨਾ॥੨॥	ਦਿਖਾ:ਪੋਲਾ ਬੋਲੋ	Jab Apunee Joth Khinchehi Thoo Suaamee Thab Koee Karo Dhikhaa Vakhiaanaa ||2||	When You withdraw Your Light, O Lord and Master, then who can speak and teach? ||2||	ਹੇ ਮਾਲਕ-ਪ੍ਰਭੂ! ਜਦੋਂ ਤੂੰ ਕਿਸੇ ਜੀਵ ਵਿਚੋਂ (ਸੇਵਾ-ਭਗਤੀ ਵਾਸਤੇ ਦਿੱਤਾ ਹੋਇਆ) ਚਾਨਣ ਖਿੱਚ ਲੈਂਦਾ ਹੈਂ, ਤਦੋਂ ਫਿਰ ਕੋਈ ਭੀ ਸੇਵਾ-ਭਗਤੀ ਦੀਆਂ ਗੱਲਾਂ ਨਹੀਂ ਕਰ ਸਕਦਾ ॥੨॥
34056	797	ਆਪੇ ਗੁਰੁ ਚੇਲਾ ਹੈ ਆਪੇ ਆਪੇ ਗੁਣੀ ਨਿਧਾਨਾ॥		Aapae Gur Chaelaa Hai Aapae Aapae Gunee Nidhhaanaa ||	You Yourself are the Guru, and You Yourself are the chaylaa, the humble disciple; You Yourself are the treasure of virtue.	ਹੇ ਭਾਈ! ਪਰਮਾਤਮਾ ਆਪ ਹੀ ਗੁਰੂ ਹੈ, ਆਪ ਹੀ ਸਿੱਖ ਹੈ, ਆਪ ਹੀ ਗੁਣਾਂ ਦਾ ਖ਼ਜ਼ਾਨਾ ਹੈ (ਜੇਹੜੇ ਗੁਣ ਉਹ ਗੁਰੂ ਦੀ ਰਾਹੀਂ ਸਿੱਖ ਨੂੰ ਦੇਂਦਾ ਹੈ)।
34057	797	ਜਿਉ ਆਪਿ ਚਲਾਏ ਤਿਵੈ ਕੋਈ ਚਾਲੈ ਜਿਉ ਹਰਿ ਭਾਵੈ ਭਗਵਾਨਾ॥੩॥		Jio Aap Chalaaeae Thivai Koee Chaalai Jio Har Bhaavai Bhagavaanaa ||3||	As You cause us to move, so do we move, according to the Pleasure of Your Will, O Lord God. ||3||	ਜਿਵੇਂ ਉਸ ਹਰੀ ਭਗਵਾਨ ਨੂੰ ਚੰਗਾ ਲੱਗਦਾ ਹੈ, ਜਿਵੇਂ ਉਹ ਜੀਵ ਨੂੰ ਜੀਵਨ-ਰਾਹ ਉਤੇ ਤੋਰਦਾ ਹੈ ਤਿਵੇਂ ਹੀ ਜੀਵ ਤੁਰਦਾ ਹੈ ॥੩॥
34058	797	ਕਹਤ ਨਾਨਕੁ ਤੂ ਸਾਚਾ ਸਾਹਿਬੁ ਕਉਣੁ ਜਾਣੈ ਤੇਰੇ ਕਾਮਾਂ॥		Kehath Naanak Thoo Saachaa Saahib Koun Jaanai Thaerae Kaamaan ||	Says Nanak, You are the True Lord and Master; who can know Your actions?	ਨਾਨਕ ਆਖਦਾ ਹੈ-ਹੇ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਮਾਲਕ ਹੈਂ, ਤੇਰੇ ਕੰਮਾਂ (ਦੇ ਭੇਤ) ਨੂੰ ਕੋਈ ਨਹੀਂ ਜਾਣ ਸਕਦਾ।

34059	797	ਇਕਨਾ ਘਰ ਮਹਿ ਦੇ ਵਡਿਆਈ ਇਕਿ ਭਰਮਿ ਭਵਹਿ ਅਭਿਮਾਨਾ॥੪॥੩॥		Eikanaa Ghar Mehi Dhae Vaddiaaee Eik Bharam Bhavehi Abhimaanaa ||4||3||	Some are blessed with glory in their own homes, while others wander in doubt and pride. ||4||3||	ਕਈ ਜੀਵਾਂ ਨੂੰ ਤੂੰ ਆਪਣੇ ਚਰਨਾਂ ਵਿਚ ਟਿਕਾ ਕੇ ਇੱਜ਼ਤ ਬਖ਼ਸ਼ਦਾ ਹੈਂ। ਕਈ ਜੀਵ ਕੁਰਾਹੇ ਪੈ ਕੇ ਅਹੰਕਾਰ ਵਿਚ ਭਟਕਦੇ ਫਿਰਦੇ ਹਨ ॥੪॥੩॥
34060	797	ਬਿਲਾਵਲੁ ਮਹਲਾ ੩॥		Bilaaval Mehalaa 3 ||	Bilaaval, Third Mehl:	
34061	797	ਪੂਰਾ ਥਾਟੁ ਬਣਾਇਆ ਪੂਰੈ ਵੇਖਹੁ ਏਕ ਸਮਾਨਾ॥		Pooraa Thhaatt Banaaeiaa Poorai Vaekhahu Eaek Samaanaa ||	The perfect Lord has fashioned the Perfect Creation. Behold the Lord pervading everywhere.	ਹੇ ਭਾਈ! ਵੇਖੋ, ਪੂਰਨ ਪ੍ਰਭੂ ਨੇ (ਗੁਰੂ ਦੀ ਸ਼ਰਨ ਪੈ ਕੇ ਹਰਿ-ਨਾਮ ਜਪਣ ਦੀ ਇਹ ਐਸੀ) ਉੱਤਮ ਜੁਗਤੀ ਬਣਾਈ ਹੈ ਜੋ ਹਰੇਕ ਜੁਗ ਵਿਚ ਇਕੋ ਜਿਹੀ ਚਲੀ ਆ ਰਹੀ ਹੈ।
34062	797	ਇਸੁ ਪਰਪੰਚ ਮਹਿ ਸਾਚੇ ਨਾਮ ਕੀ ਵਡਿਆਈ ਮਤੁ ਕੋ ਧਰਹੁ ਗੁਮਾਨਾ॥੧॥		Eis Parapanch Mehi Saachae Naam Kee Vaddiaaee Math Ko Dhharahu Gumaanaa ||1||	In this play of the world, is the glorious greatness of the True Name. No one should take pride in himself. ||1||	ਮਤਾਂ ਕੋਈ ਮਨੁੱਖ (ਜਤ ਸੰਜਮ ਤੀਰਥ ਆਦਿਕ ਕਰਮ ਦਾ) ਮਾਣ ਕਰ ਬਹੇ। ਇਸ ਜਗਤ ਵਿਚ ਸਦਾ-ਥਿਰ ਪ੍ਰਭੂ ਦਾ ਨਾਮ ਜਪਣ ਤੋਂ ਹੀ ਇੱਜ਼ਤ ਮਿਲਦੀ ਹੈ ॥੧॥

34063	797	ਸਤਿਗੁਰ ਕੀ ਜਿਸ ਨੋ ਮਤਿ ਆਵੈ ਸੋ ਸਤਿਗੁਰ ਮਾਹਿ ਸਮਾਨਾ॥		Sathigur Kee Jis No Math Aavai So Sathigur Maahi Samaanaa ||	One who accepts the wisdom of the True Guru's Teachings, is absorbed into the True Guru.	ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਦੀ ਸਿੱਖਿਆ ਉਤੇ ਯਕੀਨ ਆ ਜਾਂਦਾ ਹੈ, ਉਹ ਮਨੁੱਖ ਗੁਰੂ (ਦੇ ਉਪਦੇਸ਼) ਵਿਚ ਲੀਨ ਰਹਿੰਦਾ ਹੈ।
34064	797	ਇਹ ਬਾਣੀ ਜੋ ਜੀਅਹੁ ਜਾਣੈ ਤਿਸੁ ਅੰਤਰਿ ਰਵੈ ਹਰਿ ਨਾਮਾ॥੧॥ਰਹਾਉ॥		Eih Baanee Jo Jeeahu Jaanai This Anthar Ravai Har Naamaa ||1|| Rehaao ||	The Lord's Name abides deep within the nucleus of one who realizes the Bani of the Guru's Word within his soul. ||1||Pause||	ਜੇਹੜਾ ਮਨੁੱਖ ਗੁਰੂ ਦੀ ਇਸ ਬਾਣੀ ਨਾਲ ਦਿਲੋਂ ਸਾਂਝ ਪਾ ਲੈਂਦਾ ਹੈ, ਉਸ ਦੇ ਅੰਦਰ ਪਰਮਾਤਮਾ ਦਾ ਨਾਮ ਸਦਾ ਟਿਕਿਆ ਰਹਿੰਦਾ ਹੈ ॥੧॥ ਰਹਾਉ ॥
34065	797	ਚਹੁ ਜੁਗਾ ਕਾ ਹੁਣਿ ਨਿਬੇੜਾ ਨਰ ਮਨੁਖਾ ਨੋ ਏਕੁ ਨਿਧਾਨਾ॥	ਮਰਹੱਟੀ ਬੋਲੀ(ਮਨੁਖਾ)ਇਸਤ੍ਰੀਆਂ। ਮਨੁਖਾ:ਪੋਲਾ ਬੋਲੋ	Chahu Jugaa Kaa Hun Nibaerraa Nar Manukhaa No Eaek Nidhhaanaa ||	Now, this is the essence of the teachings of the four ages: for the human race, the Name of the One Lord is the greatest treasure.	ਹੇ ਭਾਈ! ਗੁਰੂ ਦੀ ਸ਼ਰਨ ਪਿਆਂ ਹੀ ਚਹੁੰਆਂ ਜੁਗਾਂ ਦਾ ਨਿਰਨਾ ਸਮਝ ਵਿਚ ਆਉਂਦਾ ਹੈ (ਕਿ ਜੁਗ ਚਾਹੇ ਕੋਈ ਹੋਵੇ) ਗੁਰੂ ਦੀ ਸ਼ਰਨ ਪੈਣ ਵਾਲੇ ਮਨੁੱਖਾਂ ਨੂੰ ਪਰਮਾਤਮਾ ਦਾ ਨਾਮ-ਖ਼ਜ਼ਾਨਾ ਪ੍ਰਾਪਤ ਹੋ ਜਾਂਦਾ ਹੈ।

34066	797	ਜਤੁ ਸੰਜਮ ਤੀਰਥ ਓਨ੍ਹਾ ਜੁਗਾ ਕਾ ਧਰਮੁ ਹੈ ਕਲਿ ਮਹਿ ਕੀਰਤਿ ਹਰਿ ਨਾਮਾ॥੨॥		Jath Sanjam Theerathh Ounaa Jugaa Kaa Dhharam Hai Kal Mehi Keerath Har Naamaa ||2||	Celibacy, self-discipline and pilgrimages were the essence of Dharma in those past ages; but in this Dark Age of Kali Yuga, the Praise of the Lord's Name is the essence of Dharma. ||2||	(ਵੇਦ ਆਦਿਕ ਹਿੰਦੂ ਧਰਮ-ਪੁਸਤਕ ਦੱਸਦੇ ਰਹੇ ਕਿ) ਜਤ ਸੰਜਮ ਅਤੇ ਤੀਰਥ-ਇਸ਼ਨਾਨ ਉਹਨਾਂ ਜੁਗਾਂ ਦਾ ਧਰਮ ਸੀ, ਪਰ ਕਲਿਜੁਗ ਵਿਚ (ਗੁਰੂ ਨਾਨਕ ਨੇ ਆ ਦੱਸਿਆ ਹੈ ਕਿ) ਪਰਮਾਤਮਾ ਦੀ ਸਿਫ਼ਤਿ-ਸਾਲਾਹ, ਪਰਮਾਤਮਾ ਦਾ ਨਾਮ-ਸਿਮਰਨ ਹੀ ਅਸਲ ਧਰਮ ਹੈ ॥੨॥
34067	797	ਜੁਗਿ ਜੁਗਿ ਆਪੋ ਆਪਣਾ ਧਰਮੁ ਹੈ ਸੋਧਿ ਦੇਖਹੁ ਬੇਦ ਪੁਰਾਨਾ॥		Jug Jug Aapo Aapanaa Dhharam Hai Sodhh Dhaekhahu Baedh Puraanaa ||	Each and every age has its own essence of Dharma; study the Vedas and the Puraanas, and see this as true.	ਹੇ ਭਾਈ! ਵੇਦ ਪੁਰਾਣ ਆਦਿਕ ਧਰਮ-ਪੁਸਤਕਾਂ ਨੂੰ ਗਹੁ ਨਾਲ ਪੜ੍ਹ ਕੇ ਵੇਖ ਲਵੋ (ਉਹ ਇਹੀ ਆਖਦੇ ਹਨ ਕਿ) ਹਰੇਕ ਜੁਗ ਵਿਚ (ਜਤ ਸੰਜਮ ਤੀਰਥ ਆਦਿਕ) ਆਪਣਾ ਆਪਣਾ ਧਰਮ (ਪਰਵਾਨ) ਹੈ।
34068	797	ਗੁਰਮੁਖਿ ਜਿਨ੍ਹੀ ਧਿਆਇਆ ਹਰਿ ਹਰਿ ਜਗਿ ਤੇ ਪੂਰੇ ਪਰਵਾਨਾ॥੩॥		Guramukh Jinee Dhhiaaeiaa Har Har Jag Thae Poorae Paravaanaa ||3||	They are Gurmukh, who meditate on the Lord, Har, Har; in this world, they are perfect and approved. ||3||	(ਪਰ ਗੁਰੂ ਦੀ ਸਿੱਖਿਆ ਇਹ ਹੈ ਕਿ) ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸ਼ਰਨ ਪੈ ਕੇ ਪ੍ਰਭੂ ਦਾ ਨਾਮ ਸਿਮਰਿਆ ਹੈ, ਜਗਤ ਵਿਚ ਉਹੀ ਮਨੁੱਖ ਪੂਰਨ ਹਨ ਤੇ ਕਬੂਲ ਹਨ ॥੩॥

34069	798	ਕਹਤ ਨਾਨਕੁ ਸਚੇ ਸਿਉ ਪ੍ਰੀਤਿ ਲਾਏ ਚੂਕੈ ਮਨਿ ਅਭਿਮਾਨਾ॥		Kehath Naanak Sachae Sio Preeth Laaeae Chookai Man Abhimaanaa ||	Says Nanak, loving the True Lord, the mind's egotism and self-conceit is eradicated.	ਹੇ ਭਾਈ! ਨਾਨਕ ਆਖਦਾ ਹੈ- ਜੇਹੜਾ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ ਪਿਆਰ ਜੋੜਦਾ ਹੈ, ਉਸ ਦੇ ਮਨ ਵਿਚੋਂ (ਕਿਸੇ ਭੀ ਤਰ੍ਹਾਂ ਦੇ ਕਰਮ ਕਾਂਡ ਦਾ) ਅਹੰਕਾਰ ਮੁੱਕ ਜਾਂਦਾ ਹੈ।
34070	798	ਕਹਤ ਸੁਣਤ ਸਭੇ ਸੁਖ ਪਾਵਹਿ ਮਾਨਤ ਪਾਹਿ ਨਿਧਾਨਾ॥੪॥੪॥		Kehath Sunath Sabhae Sukh Paavehi Maanath Paahi Nidhhaanaa ||4||4||	Those who speak and listen to the Lord's Name, all find peace. Those who believe in it, obtain the supreme treasure. ||4||4||	ਪਰਮਾਤਮਾ ਦਾ ਨਾਮ ਸਿਮਰਨ ਵਾਲੇ, ਸੁਣਨ ਵਾਲੇ, ਸਾਰੇ ਹੀ ਆਤਮਕ ਆਨੰਦ ਪ੍ਰਾਪਤ ਕਰਦੇ ਹਨ। ਜੇਹੜੇ ਮਨੁੱਖ (ਗੁਰੂ ਦੀ ਸਿੱਖਿਆ ਉਤੇ) ਸਰਧਾ ਲਿਆਉਂਦੇ ਹਨ, ਉਹ ਪ੍ਰਭੂ ਦਾ ਨਾਮ-ਖ਼ਜ਼ਾਨਾ ਲੱਭ ਲੈਂਦੇ ਹਨ ॥੪॥੪॥
34071	798	ਬਿਲਾਵਲੁ ਮਹਲਾ ੩॥		Bilaaval Mehalaa 3 ||	Bilaaval, Third Mehl:	
34072	798	ਗੁਰਮੁਖਿ ਪ੍ਰੀਤਿ ਜਿਸ ਨੋ ਆਪੇ ਲਾਏ॥		Guramukh Preeth Jis No Aapae Laaeae ||	The Lord Himself attaches the Gurmukh to His Love;	(ਹੇ ਭਾਈ!) ਗੁਰੂ ਦੀ ਰਾਹੀਂ ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਆਪਣਾ ਪਿਆਰ ਪੈਦਾ ਕਰਦਾ ਹੈ,
34073	798	ਤਿਤੁ ਘਰਿ ਬਿਲਾਵਲੁ ਗੁਰ ਸਬਦਿ ਸੁਹਾਏ॥		Thith Ghar Bilaaval Gur Sabadh Suhaaeae ||	Joyful melodies permeate his home, and he is embellished with the Word of the Guru's Shabad.	ਉਸ ਹਿਰਦੇ-ਘਰ ਵਿਚ (ਸਦਾ) ਖਿੜਾਉ (ਬਣਿਆ ਰਹਿੰਦਾ) ਹੈ, ਗੁਰੂ ਦੀ ਬਰਕਤਿ ਨਾਲ ਉਸ ਮਨੁੱਖ ਦਾ ਜੀਵਨ ਸੋਹਣਾ ਬਣ ਜਾਂਦਾ ਹੈ।

34074	798	ਮੰਗਲੁ ਨਾਰੀ ਗਾਵਹਿ ਆਏ॥		Mangal Naaree Gaavehi Aaeae ||	The women come and sing the songs of joy.	ਉਸ ਦੇ ਸਾਰੇ ਗਿਆਨ-ਇੰਦ੍ਰੇ ਰਲ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦੇ ਰਹਿੰਦੇ ਹਨ।
34075	798	ਮਿਲਿ ਪ੍ਰੀਤਮ ਸਦਾ ਸੁਖੁ ਪਾਏ॥੧॥		Mil Preetham Sadhaa Sukh Paaeae ||1||	Meeting with their Beloved, lasting peace is obtained. ||1||	ਪ੍ਰਭੂ-ਪ੍ਰੀਤਮ ਨੂੰ ਮਿਲ ਕੇ ਮਨੁੱਖ ਸਦਾ ਆਤਮਕ ਆਨੰਦ ਮਾਣਦਾ ਹੈ ॥੧॥
34076	798	ਹਉ ਤਿਨ ਬਲਿਹਾਰੈ ਜਿਨ੍ਹਾ ਹਰਿ ਮੰਨਿ ਵਸਾਏ॥		Ho Thin Balihaarai Jinh Har Mann Vasaaeae ||	I am a sacrifice to those, whose minds are filled with the Lord.	(ਹੇ ਭਾਈ!) ਮੈਂ ਉਹਨਾਂ ਮਨੁੱਖਾਂ ਤੋਂ ਕੁਰਬਾਨ ਜਾਂਦਾ ਹਾਂ, ਜਿਨ੍ਹਾਂ ਨੇ ਪਰਮਾਤਮਾ ਨੂੰ ਆਪਣੇ ਮਨ ਵਿਚ ਵਸਾਇਆ ਹੈ।
34077	798	ਹਰਿ ਜਨ ਕਉ ਮਿਲਿਆ ਸੁਖੁ ਪਾਈਐ ਹਰਿ ਗੁਣ ਗਾਵੈ ਸਹਜਿ ਸੁਭਾਏ॥੧॥ਰਹਾਉ॥		Har Jan Ko Miliaa Sukh Paaeeai Har Gun Gaavai Sehaj Subhaaeae ||1|| Rehaao ||	Meeting with the humble servant of the Lord, peace is obtained, and one intuitively sings the Glorious Praises of the Lord. ||1||Pause||	(ਹੇ ਭਾਈ!) ਪਰਮਾਤਮਾ ਦੇ (ਇਹੋ ਜਿਹੇ) ਸੇਵਕਾਂ ਦੀ ਸੰਗਤਿ ਕੀਤਿਆਂ ਆਤਮਕ ਆਨੰਦ ਮਿਲਦਾ ਹੈ। (ਜੇਹੜਾ ਮਨੁੱਖ ਹਰਿ-ਜਨਾਂ ਨੂੰ ਮਿਲਦਾ ਹੈ, ਉਹ ਭੀ) ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਟਿਕ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਣ ਲੱਗ ਪੈਂਦਾ ਹੈ ॥੧॥ ਰਹਾਉ ॥

34078	798	ਸਦਾ ਰੰਗਿ ਰਾਤੇ ਤੇਰੈ ਚਾਏ॥		Sadhaa Rang Raathae Thaerai Chaaeae ||	They are always imbued with Your Joyful Love;	(ਹੇ ਪ੍ਰਭੂ! ਜੇਹੜੇ ਮਨੁੱਖ ਤੇਰੀ ਸਿਫ਼ਤਿ-ਸਾਲਾਹ ਕਰਦੇ ਹਨ, ਉਹ) ਸਦਾ ਤੇਰੇ ਪ੍ਰੇਮ ਵਿਚ ਤੇਰੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ।
34079	798	ਹਰਿ ਜੀਉ ਆਪਿ ਵਸੈ ਮਨਿ ਆਏ॥		Har Jeeo Aap Vasai Man Aaeae ||	O Dear Lord, You Yourself come to dwell in their minds.	(ਹੇ ਭਾਈ!) ਪ੍ਰਭੂ ਆਪ ਉਹਨਾਂ ਦੇ ਮਨ ਵਿਚ ਆ ਵੱਸਦਾ ਹੈ।
34080	798	ਆਪੇ ਸੋਭਾ ਸਦ ਹੀ ਪਾਏ॥		Aapae Sobhaa Sadh Hee Paaeae ||	They obtain eternal glory.	ਪ੍ਰਭੂ ਆਪ ਹੀ ਉਹਨਾਂ ਨੂੰ ਸਦਾ ਲਈ ਵਡਿਆਈ ਬਖ਼ਸ਼ਦਾ ਹੈ,
34081	798	ਗੁਰਮੁਖਿ ਮੇਲੈ ਮੇਲਿ ਮਿਲਾਏ॥੨॥		Guramukh Maelai Mael Milaaeae ||2||	The Gurmukhs are united in the Lord's Union. ||2||	ਗੁਰੂ ਦੀ ਸਰਨ ਪਾ ਕੇ ਉਹਨਾਂ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ॥੨॥
34082	798	ਗੁਰਮੁਖਿ ਰਾਤੇ ਸਬਦਿ ਰੰਗਾਏ॥		Guramukh Raathae Sabadh Rangaaeae ||	The Gurmukhs are imbued with the love of the Word of the Shabad.	ਹੇ ਭਾਈ! ਗੁਰੂ ਦੀ ਸਰਨ ਪੈ ਕੇ (ਜੇਹੜੇ ਮਨੁੱਖ ਗੁਰੂ ਦੇ) ਸ਼ਬਦ ਵਿਚ ਰੰਗੇ ਜਾਂਦੇ ਹਨ,
34083	798	ਨਿਜ ਘਰਿ ਵਾਸਾ ਹਰਿ ਗੁਣ ਗਾਏ॥		Nij Ghar Vaasaa Har Gun Gaaeae ||	They abide in the home of their own being, singing the Glorious Praises of the Lord.	(ਪ੍ਰਭੂ ਉਹਨਾਂ ਨੂੰ ਆਪਣੇ ਨਾਮ ਦਾ) ਰੰਗ ਚਾੜ੍ਹਦਾ ਹੈ, ਪ੍ਰਭੂ ਦੇ ਗੁਣ ਗਾ ਗਾ ਕੇ ਉਹਨਾਂ ਦਾ ਆਪਣੇ ਹਿਰਦੇ-ਘਰ ਵਿਚ ਟਿਕਾਣਾ ਬਣਿਆ ਰਹਿੰਦਾ ਹੈ।
34084	798	ਰੰਗਿ ਚਲੂਲੈ ਹਰਿ ਰਸਿ ਭਾਏ॥		Rang Chaloolai Har Ras Bhaaeae ||	They are dyed in the deep crimson color of the Lord's Love; they look so beautiful.	(ਉਹ ਕਦੇ ਭਟਕਦੇ ਨਹੀਂ) ਪ੍ਰਭੂ ਦੇ ਨਾਮ-ਰਸ ਵਿਚ ਪ੍ਰੇਮ ਵਿਚ (ਟਿਕੇ ਰਹਿਣ ਕਰ ਕੇ) ਉਹ ਗੂੜ੍ਹੇ ਰੰਗ ਵਿਚ ਰੰਗੇ ਰਹਿੰਦੇ ਹਨ।

34085	798	ਇਹੁ ਰੰਗੁ ਕਦੇ ਨ ਉਤਰੈ ਸਾਚਿ ਸਮਾਏ॥੩॥		Eihu Rang Kadhae N Outharai Saach Samaaeae ||3||	This dye never fades away; they are absorbed in the True Lord. ||3||	ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿਣ ਕਰਕੇ ਉਹਨਾਂ ਦਾ ਇਹ ਨਾਮ-ਰੰਗ ਕਦੇ ਨਹੀਂ ਉਤਰਦਾ ॥੩॥
34086	798	ਅੰਤਰਿ ਸਬਦੁ ਮਿਟਿਆ ਅਗਿਆਨੁ ਅੰਧੇਰਾ॥		Anthar Sabadh Mittiaa Agiaan Andhhaeraa ||	The Shabad deep within the nucleus of the self dispels the darkness of ignorance.	ਹੇ ਭਾਈ! ਜਿਨ੍ਹਾਂ ਦੇ ਹਿਰਦੇ ਵਿਚ ਗੁਰੂ ਦਾ ਸ਼ਬਦ ਵੱਸਦਾ ਹੈ ਉਹਨਾਂ ਦੇ ਅੰਦਰੋਂ ਅਗਿਆਨ-ਹਨੇਰਾ ਦੂਰ ਹੋ ਜਾਂਦਾ ਹੈ।
34087	798	ਸਤਿਗੁਰ ਗਿਆਨੁ ਮਿਲਿਆ ਪ੍ਰੀਤਮੁ ਮੇਰਾ॥		Sathigur Giaan Miliaa Preetham Maeraa ||	Meeting with my Friend, the True Guru, I have obtained spiritual wisdom.	ਜਿਨ੍ਹਾਂ ਨੂੰ ਗੁਰੂ ਦਾ ਬਖ਼ਸ਼ਿਆ ਗਿਆਨ ਪ੍ਰਾਪਤ ਹੋ ਜਾਂਦਾ ਹੈ ਉਹਨਾਂ ਨੂੰ ਪਿਆਰਾ ਪ੍ਰਭੂ ਮਿਲ ਪੈਂਦਾ ਹੈ।
34088	798	ਜੋ ਸਚਿ ਰਾਤੇ ਤਿਨ ਬਹੁੜਿ ਨ ਫੇਰਾ॥		Jo Sach Raathae Thin Bahurr N Faeraa ||	Those who are attuned to the True Lord, do not have to enter the cycle of reincarnation again.	ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ (ਦੇ ਪ੍ਰੇਮ) ਵਿਚ ਮਸਤ ਰਹਿੰਦੇ ਹਨ, ਉਹਨਾਂ ਨੂੰ ਜਨਮ-ਮਰਨ ਦਾ ਗੇੜ ਨਹੀਂ ਪੈਂਦਾ।
34089	798	ਨਾਨਕ ਨਾਮੁ ਦ੍ਰਿੜਾਏ ਪੂਰਾ ਗੁਰੁ ਮੇਰਾ॥੪॥੫॥		Naanak Naam Dhrirraaeae Pooraa Gur Maeraa ||4||5||	O Nanak, my Perfect Guru implants the Naam, the Name of the Lord, deep within. ||4||5||	(ਪਰ) ਹੇ ਨਾਨਕ! ਪੂਰਾ ਗੁਰੂ ਹੀ (ਮਨੁੱਖ ਦੇ ਅੰਦਰ) ਨਾਮ ਜਪਣ ਦਾ ਸੁਭਾਉ ਪੱਕਾ ਕਰ ਸਕਦਾ ਹੈ ॥੪॥੫॥
34090	798	ਬਿਲਾਵਲੁ ਮਹਲਾ ੩॥		Bilaaval Mehalaa 3 ||	Bilaaval, Third Mehl:	

34091	798	ਪੂਰੇ ਗੁਰ ਤੇ ਵਡਿਆਈ ਪਾਈ॥		Poorae Gur Thae Vaddiaaee Paaee ||	From the Perfect Guru, I have obtained glorious greatness.	ਹੇ ਭਾਈ! ਜਿਸ ਮਨੁੱਖ ਨੇ ਪੂਰੇ ਗੁਰੂ ਪਾਸੋਂ ਵਡਿਆਈ-ਇੱਜ਼ਤ ਪ੍ਰਾਪਤ ਕਰ ਲਈ,
34092	798	ਅਚਿੰਤ ਨਾਮੁ ਵਸਿਆ ਮਨਿ ਆਈ॥		Achinth Naam Vasiaa Man Aaee ||	The Naam, the Name of the Lord, has spontaneously come to abide in my mind.	ਉਸ ਦੇ ਮਨ ਵਿਚ ਉਹ ਹਰਿ-ਨਾਮ ਆ ਵੱਸਦਾ ਹੈ ਜੋ ਹਰੇਕ ਕਿਸਮ ਦਾ ਫ਼ਿਕਰ-ਤੌਖਲਾ ਦੂਰ ਕਰ ਦੇਂਦਾ ਹੈ।
34093	798	ਹਉਮੈ ਮਾਇਆ ਸਬਦਿ ਜਲਾਈ॥		Houmai Maaeiaa Sabadh Jalaaee ||	Through the Word of the Shabad, I have burnt away egotism and Maya.	ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਮਾਇਆ ਦੇ ਕਾਰਨ ਪੈਦਾ ਹੋਈ ਹਉਮੈ ਸਾੜ ਲਈ,
34094	798	ਦਰਿ ਸਾਚੈ ਗੁਰ ਤੇ ਸੋਭਾ ਪਾਈ॥੧॥		Dhar Saachai Gur Thae Sobhaa Paaee ||1||	Through the Guru, I have obtained honor in the Court of the True Lord. ||1||	ਉਸ ਨੇ ਗੁਰੂ ਦੀ ਕਿਰਪਾ ਨਾਲ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਸੋਭਾ ਖੱਟ ਲਈ ॥੧॥
34095	798	ਜਗਦੀਸ ਸੇਵਉ ਮੈ ਅਵਰੁ ਨ ਕਾਜਾ॥		Jagadhees Saevo Mai Avar N Kaajaa ||	I serve the Lord of the Universe; I have no other work to do.	ਹੇ ਜਗਤ ਦੇ ਮਾਲਕ-ਪ੍ਰਭੂ! (ਮੇਹਰ ਕਰ) ਮੈਂ (ਤੇਰਾ ਨਾਮ) ਸਿਮਰਦਾ ਰਹਾਂ, (ਇਸ ਤੋਂ ਚੰਗਾ) ਮੈਨੂੰ ਹੋਰ ਕੋਈ ਕੰਮ ਨਾਹ ਲੱਗੇ।

34096	798	ਅਨ ਦਿਨੁ ਅਨਦੁ ਹੋਵੈ ਮਨਿ ਮੇਰੈ ਗੁਰਮੁਖਿ ਮਾਗਉ ਤੇਰਾ ਨਾਮੁ ਨਿਵਾਜਾ॥੧॥ਰਹਾਉ ॥		Anadhin Anadh Hovai Man Maerai Guramukh Maago Thaeraa Naam Nivaajaa ||1|| Rehaao ||	Night and day, my mind is in ecstasy; as Gurmukh, I beg for the bliss-giving Naam. ||1||Pause||	(ਹੇ ਪ੍ਰਭੂ!) ਗੁਰੂ ਦੀ ਸਰਨ ਪੈ ਕੇ (ਆਤਮਕ ਆਨੰਦ ਦੀ) ਬਖ਼ਸ਼ਸ਼ ਕਰਨ ਵਾਲਾ ਤੇਰਾ ਨਾਮ ਮੰਗਦਾ ਹਾਂ (ਤਾ ਕਿ) ਮੇਰੇ ਮਨ ਵਿਚ (ਉਸ ਨਾਮ ਦੀ ਬਰਕਤਿ ਨਾਲ) ਹਰ ਵੇਲੇ ਆਨੰਦ ਬਣਿਆ ਰਹੇ ॥੧॥ ਰਹਾਉ ॥
34097	798	ਮਨ ਕੀ ਪਰਤੀਤਿ ਮਨ ਤੇ ਪਾਈ॥		Man Kee Paratheeth Man Thae Paaee ||	From the mind itself, mental faith is obtained.	ਹੇ ਭਾਈ! ਉਸ ਮਨੁੱਖ ਨੇ ਆਪਣੇ ਅੰਦਰੋਂ ਹੀ ਆਪਣੇ ਮਨ ਵਾਸਤੇ ਸਰਧਾ-ਵਿਸ਼ਵਾਸ ਦੀ ਦਾਤ ਲੱਭ ਲਈ (ਇਹ ਸਰਧਾ ਕਿ ਪਰਮਾਤਮਾ ਸਾਰੇ ਜਗਤ ਵਿਚ ਇਕ-ਸਮਾਨ ਵਿਆਪਕ ਹੈ),
34098	798	ਪੂਰੇ ਗੁਰ ਤੇ ਸਬਦਿ ਬੁਝਾਈ॥	ਬੁੱਝਾਈ	Poorae Gur Thae Sabadh Bujhaaee ||	Through the Guru, I have realized the Shabad.	ਜਿਸ ਨੇ ਪੂਰੇ ਗੁਰੂ ਪਾਸੋਂ (ਉਸ ਦੇ) ਸ਼ਬਦ ਦੀ ਰਾਹੀਂ (ਆਤਮਕ ਜੀਵਨ ਦੀ) ਸੂਝ ਪ੍ਰਾਪਤ ਕਰ ਲਈ।
34099	798	ਜੀਵਣ ਮਰਣੁ ਕੋ ਸਮਸਰਿ ਵੇਖੈ॥		Jeevan Maran Ko Samasar Vaekhai ||	How rare is that person, who looks upon life and death alike.	ਹੇ ਭਾਈ! ਜੇਹੜਾ ਭੀ ਮਨੁੱਖ ਸਾਰੀ ਉਮਰ ਪ੍ਰਭੂ ਨੂੰ (ਸ੍ਰਿਸ਼ਟੀ ਵਿਚ) ਇਕ-ਸਮਾਨ (ਵੱਸਦਾ) ਵੇਖਦਾ ਹੈ,
34100	798	ਬਹੁੜਿ ਨ ਮਰੈ ਨਾ ਜਮੁ ਪੇਖੈ॥੨॥		Bahurr N Marai Naa Jam Paekhai ||2||	She shall never die again, and shall not have to see the Messenger of Death. ||2||	ਉਸ ਨੂੰ ਕਦੇ ਆਤਮਕ ਮੌਤ ਨਹੀਂ ਵਿਆਪਦੀ, ਉਸ ਵਲ ਜਮਰਾਜ ਕਦੇ ਨਹੀਂ ਤੱਕਦਾ ॥੨॥

34101	798	ਘਰ ਹੀ ਮਹਿ ਸਭਿ ਕੋਟ ਨਿਧਾਨ॥		Ghar Hee Mehi Sabh Kott Nidhhaan ||	Within the home of the self are all the millions of treasures.	ਹੇ ਭਾਈ! (ਹਰੇਕ ਮਨੁੱਖ ਦੇ) ਹਿਰਦੇ-ਘਰ ਵਿਚ ਸਾਰੇ (ਸੁਖਾਂ ਦੇ) ਖ਼ਜ਼ਾਨਿਆਂ ਦੇ (ਕੋਟਾਂ ਦੇ) ਕੋਟ ਮੌਜੂਦ ਹਨ।
34102	798	ਸਤਿਗੁਰਿ ਦਿਖਾਏ ਗਇਆ ਅਭਿਮਾਨੁ॥		Sathigur Dhikhaaeae Gaeiaa Abhimaan ||	The True Guru has revealed them, and my egotistical pride is gone.	ਜਿਸ ਮਨੁੱਖ ਨੂੰ ਗੁਰੂ ਨੇ (ਇਹ ਕੋਟ) ਵਿਖਾ ਦਿੱਤੇ, ਉਸ ਦੇ ਅੰਦਰੋਂ ਅਹੰਕਾਰ ਦੂਰ ਹੋ ਗਿਆ।
34103	798	ਸਦ ਹੀ ਲਾਗਾ ਸਹਜਿ ਧਿਆਨ॥		Sadh Hee Laagaa Sehaj Dhhiaan ||	I keep my meditation always focused on the Cosmic Lord.	ਉਹ ਮਨੁੱਖ ਸਦਾ ਹੀ ਆਤਮਕ ਅਡੋਲਤਾ ਵਿਚ ਸੁਰਤ ਜੋੜੀ ਰੱਖਦਾ ਹੈ।
34104	798	ਅਨ ਦਿਨੁ ਗਾਵੈ ਏਕੋ ਨਾਮ॥੩॥		Anadhin Gaavai Eaeko Naam ||3||	Night and day, I sing the One Name. ||3||	ਉਹ ਮਨੁੱਖ ਹਰ ਵੇਲੇ ਇਕੋ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ ॥੩॥
34105	798	ਇਸੁ ਜੁਗ ਮਹਿ ਵਡਿਆਈ ਪਾਈ॥		Eis Jug Mehi Vaddiaaee Paaee ||	I have obtained glorious greatness in this age,	ਹੇ ਭਾਈ! ਉਹ ਮਨੁੱਖ ਇਸ ਜਗਤ ਵਿਚ ਇੱਜ਼ਤ ਪ੍ਰਾਪਤ ਕਰਦਾ ਹੈ,
34106	798	ਪੂਰੇ ਗੁਰ ਤੇ ਨਾਮੁ ਧਿਆਈ॥		Poorae Gur Thae Naam Dhhiaaee ||	From the Perfect Guru, meditating on the Naam.	ਜੇਹੜਾ ਮਨੁੱਖ ਪੂਰੇ ਗੁਰੂ ਪਾਸੋਂ (ਸਿੱਖਿਆ ਲੈ ਕੇ) ਪ੍ਰਭੂ ਦਾ ਨਾਮ ਸਿਮਰਦਾ ਹੈ।
34107	798	ਜਹ ਦੇਖਾ ਤਹ ਰਹਿਆ ਸਮਾਈ॥		Jeh Dhaekhaa Theh Rehiaa Samaaee ||	Wherever I look, I see the Lord permeating and pervading.	ਹੇ ਭਾਈ! ਮੈਂ ਤਾਂ ਜਿੱਧਰ ਵੇਖਦਾ ਹਾਂ, ਉਧਰ ਹੀ ਉਹ ਪਰਮਾਤਮਾ ਮੌਜੂਦ ਦਿੱਸਦਾ ਹੈ।
34108	798	ਸਦਾ ਸੁਖਦਾਤਾ ਕੀਮਤਿ ਨਹੀ ਪਾਈ॥੪॥		Sadhaa Sukhadhaathaa Keemath Nehee Paaee ||4||	He is forever the Giver of peace; His worth cannot be estimated. ||4||	ਉਹ ਸਦਾ ਹੀ (ਸਭਨਾਂ ਨੂੰ) ਸੁਖ ਦੇਣ ਵਾਲਾ ਹੈ। ਪਰ ਉਹ ਕਿਸੇ ਮੁੱਲ ਤੋਂ ਨਹੀਂ ਮਿਲ ਸਕਦਾ ॥੪॥

34109	798	ਪੂਰੈ ਭਾਗਿ ਗੁਰੁ ਪੂਰਾ ਪਾਇਆ॥		Poorai Bhaag Gur Pooraa Paaeiaa ||	By perfect destiny, I have found the Perfect Guru.	ਹੇ ਭਾਈ! ਜਿਸ ਮਨੁੱਖ ਨੇ ਪੂਰੀ ਕਿਸਮਤ ਨਾਲ ਪੂਰਾ ਗੁਰੂ ਲੱਭ ਲਿਆ,
34110	798	ਅੰਤਰਿ ਨਾਮੁ ਨਿਧਾਨੁ ਦਿਖਾਇਆ॥		Anthar Naam Nidhhaan Dhikhaaeiaa ||	He has revealed to me the treasure of the Naam, deep within the nucleus of my self.	ਗੁਰੂ ਨੇ ਉਸ ਨੂੰ ਉਸ ਦੇ ਹਿਰਦੇ ਵਿਚ ਹੀ ਪਰਮਾਤਮਾ ਦਾ ਨਾਮ-ਖ਼ਜ਼ਾਨਾ ਵਿਖਾਲ ਦਿੱਤਾ।
34111	798	ਗੁਰ ਕਾ ਸਬਦੁ ਅਤਿ ਮੀਠਾ ਲਾਇਆ॥		Gur Kaa Sabadh Ath Meethaa Laaeiaa ||	The Word of the Guru's Shabad is so very sweet.	ਜਿਸ ਮਨੁੱਖ ਨੂੰ ਗੁਰੂ ਦਾ ਸ਼ਬਦ ਬਹੁਤ ਪਿਆਰਾ ਲੱਗਣ ਲੱਗ ਪਿਆ,
34112	798	ਨਾਨਕ ਤ੍ਰਿਸਨ ਬੁਝੀ ਮਨਿ ਤਨਿ ਸੁਖੁ ਪਾਇਆ॥੫॥੬॥੪॥੬॥੧੦॥	ਬੁਝੀ:ਪੋਲਾ ਬੋਲੋ	Naanak Thrisan Bujhee Man Than Sukh Paaeiaa ||5||6||4||6||10||	O Nanak, my thirst is quenched, and my mind and body have found peace. ||5||6||4||6||10||	ਹੇ ਨਾਨਕ! ਉਸ ਦੇ ਅੰਦਰੋਂ ਮਾਇਆ ਦੀ ਤ੍ਰੇਹ ਬੁੱਝ ਗਈ। ਉਸ ਨੂੰ ਆਪਣੇ ਮਨ ਵਿਚ ਆਪਣੇ ਹਿਰਦੇ ਵਿਚ ਆਨੰਦ ਹੀ ਆਨੰਦ ਹਾਸਲ ਹੋ ਗਿਆ ॥੫॥੬॥੪॥੬॥੧੦॥
34113	798	ਰਾਗੁ ਬਿਲਾਵਲੁ ਮਹਲਾ ੪ ਘਰੁ ੩		Raag Bilaaval Mehalaa 4 Ghar 3	Raag Bilaaval, Fourth Mehl, Third House:	ਰਾਗ ਬਿਲਾਵਲੁ, ਘਰ ੩ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
34114	798	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

34115	798	ਉਦਮ ਮਤਿ ਪ੍ਰਭ ਅੰਤਰਜਾਮੀ ਜਿਉ ਪ੍ਰੇਰੇ ਤਿਉ ਕਰਨਾ॥		Oudham Math Prabh Antharajaamee Jio Praerae Thio Karanaa ||	Effort and intelligence come from God, the Inner-knower, the Searcher of hearts; as He wills, they act.	ਸਭ ਦੇ ਦਿਲ ਦੀ ਜਾਣਨ ਵਾਲਾ ਪਰਮਾਤਮਾ ਉੱਦਮ ਕਰਨ ਦੀ ਅਕਲ (ਜੀਵਾਂ ਨੂੰ ਆਪ ਦੇਂਦਾ ਹੈ)। ਜਿਵੇਂ ਉਹ ਸਾਨੂੰ ਪ੍ਰੇਰਨਾ ਕਰਦਾ ਹੈ ਤਿਵੇਂ ਅਸੀਂ ਕਰਦੇ ਹਾਂ।
34116	798	ਜਿਉ ਨਟੂਆ ਤੰਤੁ ਵਜਾਏ ਤੰਤੀ ਤਿਉ ਵਾਜਹਿ ਜੰਤ ਜਨਾ॥੧॥		Jio Nattooaa Thanth Vajaaeae Thanthee Thio Vaajehi Janth Janaa ||1||	As the violinist plays upon the strings of the violin, so does the Lord play the living beings. ||1||	ਜਿਵੇਂ ਕੋਈ ਨਾਟਕ ਕਰਨ ਵਾਲਾ ਮਨੁੱਖ ਵੀਣਾ (ਆਦਿਕ ਸਾਜ) ਦੀ ਤਾਰ ਵਜਾਂਦਾ ਹੈ (ਤਿਵੇਂ ਉਹ ਸਾਜ ਵੱਜਦਾ ਹੈ); ਤਿਵੇਂ ਸਾਰੇ ਜੀਵ (ਜੋ, ਮਾਨੋ) ਵਾਜੇ (ਹਨ, ਪ੍ਰਭੂ ਦੇ ਵਜਾਇਆਂ) ਵੱਜਦੇ ਹਨ ॥੧॥
34117	799	ਜਪਿ ਮਨ ਰਾਮ ਨਾਮੁ ਰਸਨਾ॥		Jap Man Raam Naam Rasanaa ||	Chant the Name of the Lord with your tongue, O mind.	ਹੇ (ਮੇਰੇ) ਮਨ! ਜੀਭ ਨਾਲ ਪਰਮਾਤਮਾ ਦਾ ਨਾਮ ਜਪਿਆ ਕਰ।
34118	799	ਮਸਤਕਿ ਲਿਖਤ ਲਿਖੇ ਗੁਰੁ ਪਾਇਆ ਹਰਿ ਹਿਰਦੈ ਹਰਿ ਬਸਨਾ॥੧॥ਰਹਾਉ॥		Masathak Likhath Likhae Gur Paaeiaa Har Hiradhai Har Basanaa ||1|| Rehaao ||	According to the pre-ordained destiny written upon my forehead, I have found the Guru, and the Lord abides within my heart. ||1||Pause||	ਜਿਸ ਮਨੁੱਖ ਦੇ ਮੱਥੇ ਉਤੇ ਲਿਖੇ ਹੋਏ ਚੰਗੇ ਭਾਗ ਉੱਘੜ ਪੈਣ, ਉਸ ਨੂੰ ਗੁਰੂ ਮਿਲ ਪੈਂਦਾ ਹੈ, (ਗੁਰੂ ਦੀ ਸਹੈਤਾ ਨਾਲ ਉਸ ਦੇ) ਹਿਰਦੇ ਵਿਚ ਪ੍ਰਭੂ ਆ ਵੱਸਦਾ ਹੈ ॥੧॥ ਰਹਾਉ ॥

34119	799	ਮਾਇਆ ਗਿਰਸਤਿ ਭ੍ਰਮਤੁ ਹੈ ਪ੍ਰਾਨੀ ਰਖਿ ਲੇਵਹੁ ਜਨੁ ਅਪਨਾ॥	ਗਿ-ਰਸਤਿ	Maaeiaa Girasath Bhramath Hai Praanee Rakh Laevahu Jan Apanaa ||	Entangled in Maya, the mortal wanders around. Save Your humble servant, O Lord,	ਹੇ ਪ੍ਰਭੂ! ਮਾਇਆ ਦੇ ਮੋਹ ਵਿਚ ਫਸਿਆ ਹੋਇਆ ਜੀਵ ਭਟਕਦਾ ਫਿਰਦਾ ਹੈ, (ਮੈਨੂੰ) ਆਪਣੇ ਦਾਸ ਨੂੰ (ਇਸ ਮਾਇਆ ਦੇ ਮੋਹ ਤੋਂ) ਬਚਾ ਲੈ,
34120	799	ਜਿਉ ਪ੍ਰਹਿਲਾਦੁ ਹਰਣਾਖਸਿ ਗ੍ਰਸਿਓ ਹਰਿ ਰਾਖਿਓ ਹਰਿ ਸਰਨਾ॥੨॥		Jio Prehilaadh Haranaakhas Grasiou Har Raakhiou Har Saranaa ||2||	As you saved Prahlaad from the clutches of Harnaakash; keep him in Your Sanctuary, Lord. ||2||	(ਉਸ ਤਰ੍ਹਾਂ ਬਚਾ ਲੈ) ਜਿਵੇਂ, ਹੇ ਹਰੀ! ਤੂੰ ਸਰਨ ਪਏ ਪ੍ਰਹਿਲਾਦ ਦੀ ਰੱਖਿਆ ਕੀਤੀ, ਜਦੋਂ ਉਸ ਨੂੰ ਹਰਣਾਖਸ ਨੇ ਦੁੱਖ ਦਿੱਤਾ ॥੨॥
34121	799	ਕਵਨ ਕਵਨ ਕੀ ਗਤਿ ਮਿਤਿ ਕਹੀਐ ਹਰਿ ਕੀਏ ਪਤਿਤ ਪਵੰਨਾ॥		Kavan Kavan Kee Gath Mith Keheeai Har Keeeae Pathith Pavannaa ||	How can I describe the state and the condition, O Lord, of those many sinners you have purified?	ਹੇ ਭਾਈ! ਕਿਸ ਕਿਸ ਦੀ ਹਾਲਤ ਦੱਸੀ ਜਾਏ? ਉਹ ਪਰਮਾਤਮਾ ਤਾਂ ਬੜੇ ਬੜੇ ਵਿਕਾਰੀਆਂ ਨੂੰ ਪਵਿੱਤਰ ਕਰ ਦੇਂਦਾ ਹੈ।

34122	799	ਓਹੁ ਢੋਵੈ ਢੋਰ ਹਾਥਿ ਚਮੁ ਚਮਰੇ ਹਰਿ ਉਧਰਿਓ ਪਰਿਓ ਸਰਨਾ॥੩॥	ਹਰਿ ਜੀ ਨੇ ਉਧਾਰਨਾ ਕੀਤੇ। ਉ-ਧਰਿਓ	Ouhu Dtovai Dtor Haathh Cham Chamarae Har Oudhhariou Pariou Saranaa ||3||	Ravi Daas, the leather-worker, who worked with hides and carried dead animals was saved, by entering the Lord's Sanctuary. ||3||	(ਵੇਖੋ!) ਉਹ (ਰਵਿਦਾਸ) ਮੋਏ ਹੋਏ ਪਸ਼ੂ ਢੋਂਦਾ ਸੀ, (ਉਸ) ਚਮਾਰ ਦੇ ਹੱਥ ਵਿਚ (ਨਿੱਤ) ਚੰਮ (ਫੜਿਆ ਹੁੰਦਾ) ਸੀ, ਪਰ ਜਦੋਂ ਉਹ ਪ੍ਰਭੂ ਦੀ ਸਰਨ ਪਿਆ, ਪ੍ਰਭੂ ਨੇ ਉਸ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ ॥੩॥
34123	799	ਪ੍ਰਭ ਦੀਨ ਦਇਆਲ ਭਗਤ ਭਵ ਤਾਰਨ ਹਮ ਪਾਪੀ ਰਾਖੁ ਪਪਨਾ॥		Prabh Dheen Dhaeiaal Bhagath Bhav Thaaran Ham Paapee Raakh Papanaa ||	O God, Merciful to the meek, carry Your devotees across the world-ocean; I am a sinner - save me from sin!	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! ਹੇ ਭਗਤਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲੇ ਪ੍ਰਭੂ! ਸਾਨੂੰ ਪਾਪੀ ਜੀਵਾਂ ਨੂੰ ਪਾਪਾਂ ਤੋਂ ਬਚਾ ਲੈ।
34124	799	ਹਰਿ ਦਾਸਨ ਦਾਸ ਦਾਸ ਹਮ ਕਰੀਅਹੁ ਜਨ ਨਾਨਕ ਦਾਸ ਦਾਸੰਨਾ॥੪॥੧॥		Har Dhaasan Dhaas Dhaas Ham Kareeahu Jan Naanak Dhaas Dhaasannaa ||4||1||	O Lord, make me the slave of the slave of Your slaves; servant Nanak is the slave of Your slaves. ||4||1||	ਹੇ ਦਾਸ ਨਾਨਕ! (ਆਖ-ਹੇ ਪ੍ਰਭੂ!) ਸਾਨੂੰ ਆਪਣੇ ਦਾਸਾਂ ਦੇ ਦਾਸਾਂ ਦਾ ਦਾਸ ਬਣਾ ਲੈ ॥੪॥੧॥
34125	799	ਬਿਲਾਵਲੁ ਮਹਲਾ ੪॥		Bilaaval Mehalaa 4 ||	Bilaaval, Fourth Mehl:	

34126	799	ਹਮ ਮੂਰਖ ਮੁਗਧ ਅਗਿਆਨ ਮਤੀ ਸਰਣਾਗਤਿ ਪੁਰਖ ਅਜਨਮਾ॥	ਸਰ-ਣਾਗਤਿ। ਅ-ਜਨਮਾ	Ham Moorakh Mugadhh Agiaan Mathee Saranaagath Purakh Ajanamaa ||	I am foolish, idiotic and ignorant; I seek Your Sanctuary, O Primal Being, O Lord beyond birth.	ਹੇ ਸਰਬ-ਵਿਆਪਕ ਪ੍ਰਭੂ! ਹੇ ਜੂਨਾਂ ਤੋਂ ਰਹਿਤ ਪ੍ਰਭੂ! ਅਸੀਂ ਜੀਵ ਮੂਰਖ ਹਾਂ, ਬੜੇ ਮੂਰਖ ਹਾਂ, ਬੇ ਸਮਝ ਹਾਂ (ਪਰ) ਤੇਰੀ ਸਰਨ ਪਏ ਹਾਂ।
34127	799	ਕਰਿ ਕਿਰਪਾ ਰਖਿ ਲੇਵਹੁ ਮੇਰੇ ਠਾਕੁਰ ਹਮ ਪਾਥਰ ਹੀਨ ਅਕਰਮਾ॥੧॥	ਅ-ਕਰਮਾ	Kar Kirapaa Rakh Laevahu Maerae Thaakur Ham Paathhar Heen Akaramaa ||1||	Have Mercy upon me, and save me, O my Lord and Master; I am a lowly stone, with no good karma at all. ||1||	ਹੇ ਮੇਰੇ ਠਾਕੁਰ! ਮੇਹਰ ਕਰ, ਸਾਡੀ ਰੱਖਿਆ ਕਰ, ਅਸੀਂ ਪੱਥਰ (-ਦਿਲ) ਹਾਂ, ਅਸੀਂ ਨਿਮਾਣੇ ਹਾਂ ਤੇ ਮੰਦ-ਭਾਗੀ ਹਾਂ ॥੧॥
34128	799	ਮੇਰੇ ਮਨ ਭਜੁ ਰਾਮ ਨਾਮੈ ਰਾਮਾ॥		Maerae Man Bhaj Raam Naamai Raamaa ||	O my mind, vibrate and meditate on the Lord, the Name of the Lord.	ਹੇ (ਮੇਰੇ) ਮਨ! ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹੁ।
34129	799	ਗੁਰਮਤਿ ਹਰਿ ਰਸੁ ਪਾਈਐ ਹੋਰਿ ਤਿਆਗਹੁ ਨਿਹਫਲ ਕਾਮਾ॥੧॥ਰਹਾਉ॥		Guramath Har Ras Paaeeai Hor Thiaagahu Nihafal Kaamaa ||1|| Rehaao ||	Under Guru's Instructions, obtain the sublime, subtle essence of the Lord; renounce other fruitless actions. ||1||Pause||	(ਹੇ ਭਾਈ!) ਗੁਰੂ ਦੀ ਮਤਿ ਉਤੇ ਤੁਰਿਆਂ ਹੀ ਪਰਮਾਤਮਾ ਦੇ ਨਾਮ ਦਾ ਆਨੰਦ ਮਿਲਦਾ ਹੈ। ਛੱਡੋ ਹੋਰ ਕੰਮਾਂ ਦਾ ਮੋਹ, (ਜਿੰਦ ਨੂੰ ਉਹਨਾਂ ਤੋਂ) ਕੋਈ ਲਾਭ ਨਹੀਂ ਮਿਲੇਗਾ ॥੧॥ ਰਹਾਉ ॥

34130	799	ਹਰਿ ਜਨ ਸੇਵਕ ਸੇ ਹਰਿ ਤਾਰੇ ਹਮ ਨਿਰਗੁਨ ਰਾਖੁ ਉਪਮਾ॥		Har Jan Saevak Sae Har Thaarae Ham Niragun Raakh Oupamaa ||	The humble servants of the Lord are saved by the Lord; I am worthless - it is Your glory to save me.	ਹੇ ਹਰੀ! ਜੇਹੜੇ ਮਨੁੱਖ ਤੇਰੇ (ਦਰ ਦੇ) ਸੇਵਕ ਬਣਦੇ ਹਨ ਤੂੰ ਉਹਨਾਂ ਨੂੰ ਪਾਰ ਲੰਘਾ ਲੈਂਦਾ ਹੈਂ। (ਪਰ) ਅਸੀਂ ਗੁਣ-ਹੀਨ ਹਾਂ, (ਗੁਣ-ਹੀਨਾਂ ਦੀ ਭੀ) ਰੱਖਿਆ ਕਰ (ਇਸ ਵਿਚ ਭੀ ਤੇਰੀ ਹੀ) ਸੋਭਾ ਹੋਵੇਗੀ।
34131	799	ਤੁਝ ਬਿਨੁ ਅਵਰੁ ਨ ਕੋਈ ਮੇਰੇ ਠਾਕੁਰ ਹਰਿ ਜਪੀਐ ਵਡੇ ਕਰੰਮਾ॥੨॥	ਕ-ਰੰਮਾ	Thujh Bin Avar N Koee Maerae Thaakur Har Japeeai Vaddae Karanmaa ||2||	I have no other than You, O my Lord and Master; I meditate on the Lord, by my good karma. ||2||	ਹੇ ਮੇਰੇ ਠਾਕੁਰ! ਤੈਥੋਂ ਬਿਨਾ ਮੇਰਾ ਕੋਈ (ਮਦਦਗਾਰ) ਨਹੀਂ। (ਹੇ ਭਾਈ!) ਵੱਡੀ ਕਿਸਮਤ ਨਾਲ ਹੀ ਪ੍ਰਭੂ ਦਾ ਨਾਮ ਜਪਿਆ ਜਾ ਸਕਦਾ ਹੈ ॥੨॥
34132	799	ਨਾਮ ਹੀਨ ਧ੍ਰਿਗੁ ਜੀਵਤੇ ਤਿਨ ਵਡ ਦੂਖ ਸਹੰਮਾ॥	ਸ-ਹੰਮਾ	Naameheen Dhhrig Jeevathae Thin Vadd Dhookh Sehanmaa ||	Those who lack the Naam, the Name of the Lord, their lives are cursed, and they must endure terrible pain.	(ਹੇ ਭਾਈ!) ਜੇਹੜੇ ਮਨੁੱਖ ਪ੍ਰਭੂ ਦੇ ਨਾਮ ਤੋਂ ਵਾਂਜੇ ਰਹਿੰਦੇ ਹਨ, ਉਹਨਾਂ ਦਾ ਜੀਊਣਾ ਫਿਟਕਾਰ-ਜੋਗ ਹੀ ਹੁੰਦਾ ਹੈ। ਉਹਨਾਂ ਨੂੰ ਬੜੇ ਦੁੱਖ ਸਹਿਮ (ਚੰਬੜੇ ਰਹਿੰਦੇ ਹਨ)।
34133	799	ਓਇ ਫਿਰਿ ਫਿਰਿ ਜੋਨਿ ਭਵਾਈਅਹਿ ਮੰਦਭਾਗੀ ਮੂੜ ਅਕਰਮਾ॥੩॥	ਅ-ਕਰਮਾ	Oue Fir Fir Jon Bhavaaeeahi Mandhabhaagee Moorr Akaramaa ||3||	They are consigned to reincarnation over and over again; they are the most unfortunate fools, with no good karma at all. ||3||	ਉਹ ਮਨੁੱਖ ਮੁੜ ਮੁੜ ਜੂਨਾਂ ਵਿਚ ਪਾਏ ਜਾਂਦੇ ਹਨ। ਉਹ ਮੂਰਖ ਬੰਦੇ ਕਰਮਹੀਣ ਹੀ ਰਹਿੰਦੇ ਹਨ, ਮੰਦ-ਭਾਗੀ ਹੀ ਰਹਿੰਦੇ ਹਨ ॥੩॥

34134	799	ਹਰਿ ਜਨ ਨਾਮੁ ਅਧਾਰੁ ਹੈ ਧੁਰਿ ਪੂਰਬਿ ਲਿਖੇ ਵਡ ਕਰਮਾ॥		Har Jan Naam Adhhaar Hai Dhhur Poorab Likhae Vadd Karamaa ||	The Naam is the Support of the Lord's humble servants; their good karma is pre-ordained.	ਹੇ ਭਾਈ! ਪਰਮਾਤਮਾ ਦੇ ਭਗਤਾਂ ਨੂੰ ਪਰਮਾਤਮਾ ਦਾ ਨਾਮ (ਹੀ ਜੀਵਨ ਦਾ) ਸਹਾਰਾ ਹੈ। ਧੁਰ ਦਰਗਾਹ ਤੋਂ ਪੂਰਬਲੇ ਜਨਮ ਵਿਚ (ਉਹਨਾਂ ਦੇ ਮੱਥੇ ਉਤੇ) ਵੱਡੇ ਭਾਗ ਲਿਖੇ ਹੋਏ ਸਮਝੋ।
34135	799	ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ਜਨ ਨਾਨਕ ਸਫਲੁ ਜਨੰਮਾ॥੪॥੨॥	ਜ–ਨੰਮਾ	Gur Sathigur Naam Dhrirraaeiaa Jan Naanak Safal Jananmaa ||4||2||	The Guru, the True Guru, has implanted the Naam within servant Nanak, and his life is fruitful. ||4||2||	ਹੇ ਦਾਸ ਨਾਨਕ! ਗੁਰੂ ਨੇ ਸਤਿਗੁਰੂ ਨੇ ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ-ਸਿਮਰਨ ਪੱਕਾ ਕਰ ਦਿੱਤਾ, ਉਸ ਦੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ ॥੪॥੨॥
34136	799	ਬਿਲਾਵਲੁ ਮਹਲਾ ੪॥		Bilaaval Mehalaa 4 ||	Bilaaval, Fourth Mehl:	
34137	799	ਹਮਰਾ ਚਿਤੁ ਲੁਭਤ ਮੋਹਿ ਬਿਖਿਆ ਬਹੁ ਦੁਰਮਤਿ ਮੈਲੁ ਭਰਾ॥		Hamaraa Chith Lubhath Mohi Bikhiaa Bahu Dhuramath Mail Bharaa ||	My consciousness is lured by emotional attachment and corruption; is is filled with evil-minded filth.	ਹੇ ਪ੍ਰਭੂ! ਅਸਾਂ ਜੀਵਾਂ ਦਾ ਮਨ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ, ਖੋਟੀ ਮਤਿ ਦੀ ਮੈਲ ਨਾਲ ਬਹੁਤ ਭਰਿਆ ਰਹਿੰਦਾ ਹੈ;

34138	799	ਤੁਮ੍ਰੀ ਸੇਵਾ ਕਰਿ ਨ ਸਕਹ ਪ੍ਰਭ ਹਮ ਕਿਉ ਕਰਿ ਮੁਗਧ ਤਰਾ॥੧॥		Thumharee Saevaa Kar N Sakeh Prabh Ham Kio Kar Mugadhh Tharaa ||1||	I cannot serve You, O God; I am ignorant - how can I cross over? ||1||	ਇਸੇ ਵਾਸਤੇ ਅਸੀਂ ਤੇਰੀ ਸੇਵਾ-ਭਗਤੀ ਕਰ ਨਹੀਂ ਸਕਦੇ। ਹੇ ਪ੍ਰਭੂ! ਅਸੀਂ ਮੂਰਖ ਕਿਵੇਂ ਸੰਸਾਰ-ਸਮੁੰਦਰ ਤੋਂ ਪਾਰ ਲੰਘੀਏ? ॥੧॥
34139	799	ਮੇਰੇ ਮਨ ਜਪਿ ਨਰਹਰ ਨਾਮੁ ਨਰਹਰਾ॥	ਨਰ ਸਿੰਘ ਆਦਿਕ ਨਾਮੁਨਾਵਾਂ ਵਾਲੇ, (ਨਰਹਰਾ)ਅਕਾਲ ਜੀ	Maerae Man Jap Narehar Naam Nareharaa ||	O my mind, chant the Name of the Lord, the Lord, the Lord of man.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਸਦਾ ਜਪਿਆ ਕਰ।
34140	799	ਜਨ ਊਪਰਿ ਕਿਰਪਾ ਪ੍ਰਭਿ ਧਾਰੀ ਮਿਲਿ ਸਤਿਗੁਰ ਪਾਰਿ ਪਰਾ॥੧॥ਰਹਾਉ॥		Jan Oopar Kirapaa Prabh Dhhaaree Mil Sathigur Paar Paraa ||1|| Rehaao ||	God has showered His Mercy upon His humble servant; meeting with the True Guru, he is carried across. ||1||Pause||	ਜਿਸ ਮਨੁੱਖ ਉਤੇ ਪ੍ਰਭੂ ਨੇ ਕਿਰਪਾ ਕੀਤੀ, ਉਹ ਗੁਰੂ ਨੂੰ ਮਿਲ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ ॥੧॥ ਰਹਾਉ ॥
34141	799	ਹਮਰੇ ਪਿਤਾ ਠਾਕੁਰ ਪ੍ਰਭ ਸੁਆਮੀ ਹਰਿ ਦੇਹੁ ਮਤੀ ਜਸੁ ਕਰਾ॥		Hamarae Pithaa Thaakur Prabh Suaamee Har Dhaehu Mathee Jas Karaa ||	O my Father, my Lord and Master, Lord God, please bless me with such understanding, that I may sing Your Praises.	ਹੇ ਪ੍ਰਭੂ! ਹੇ ਠਾਕੁਰ! ਹੇ ਸਾਡੇ ਪਿਤਾ! ਹੇ ਸਾਡੇ ਮਾਲਕ! ਹੇ ਹਰੀ! ਸਾਨੂੰ (ਅਜੇਹੀ) ਸਮਝ ਬਖ਼ਸ਼ ਕਿ ਅਸੀਂ ਤੇਰੀ ਸਿਫ਼ਤਿ-ਸਾਲਾਹ ਕਰਦੇ ਰਹੀਏ।

34142	799	ਤੁਮ੍ਰੈ ਸੰਗਿ ਲਗੇ ਸੇ ਉਧਰੇ ਜਿਉ ਸੰਗਿ ਕਾਸਟ ਲੋਹ ਤਰਾ॥੨॥	ਲੱਗੇ	Thumharai Sang Lagae Sae Oudhharae Jio Sang Kaasatt Loh Tharaa ||2||	Those who are attached to You are saved, like iron which is carried across with wood. ||2||	ਹੇ ਪ੍ਰਭੂ! ਜਿਵੇਂ ਕਾਠ ਨਾਲ ਲੱਗ ਕੇ ਲੋਹਾ (ਨਦੀ ਤੋਂ) ਪਾਰ ਲੰਘ ਜਾਂਦਾ ਹੈ, ਤਿਵੇਂ ਜੇਹੜੇ ਬੰਦੇ ਤੇਰੇ ਚਰਨਾਂ ਵਿਚ ਜੁੜਦੇ ਹਨ ਉਹ ਵਿਕਾਰਾਂ ਤੋਂ ਬਚ ਜਾਂਦੇ ਹਨ ॥੨॥
34143	799	ਸਾਕਤ ਨਰ ਹੋਛੀ ਮਤਿ ਮਧਿਮ ਜਿਨ੍ ਹਰਿ ਹਰਿ ਸੇਵ ਨ ਕਰਾ॥		Saakath Nar Hoshhee Math Madhhim Jinh Har Har Saev N Karaa ||	The faithless cynics have little or no understanding; they do not serve the Lord, Har, Har.	ਹੇ ਭਾਈ! ਜਿਨ੍ਹਾਂ ਬੰਦਿਆਂ ਨੇ ਕਦੇ ਪਰਮਾਤਮਾ ਦੀ ਸੇਵਾ-ਭਗਤੀ ਨਹੀਂ ਕੀਤੀ, ਪਰਮਾਤਮਾ ਨਾਲੋਂ ਟੁੱਟੇ ਹੋਏ ਉਹਨਾਂ ਬੰਦਿਆਂ ਦੀ ਅਕਲ ਹੋਛੀ ਤੇ ਮਲੀਨ ਹੁੰਦੀ ਹੈ।
34144	799	ਤੇ ਨਰ ਭਾਗਹੀਨ ਦੁਹਚਾਰੀ ਓਇ ਜਨਮਿ ਮੁਏ ਫਿਰਿ ਮਰਾ॥੩॥	ਦੁਹ-ਚਾਰੀ	Thae Nar Bhaageheen Dhuhachaaree Oue Janam Mueae Fir Maraa ||3||	Those beings are unfortunate and vicious; they die, and are consigned to reincarnation, over and over again. ||3||	ਉਹ ਮਨੁੱਖ ਬਦ-ਕਿਸਮਤ ਰਹਿ ਜਾਂਦੇ ਹਨ ਕਿਉਂਕਿ ਉਹ (ਪਵਿਤ੍ਰਤਾ ਦੇ ਸੋਮੇ ਪ੍ਰਭੂ ਤੋਂ ਵਿਛੁੜ ਕੇ) ਮੰਦ-ਕਰਮੀ ਹੋ ਜਾਂਦੇ ਹਨ। ਫਿਰ ਉਹ ਸਦਾ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ ॥੩॥
34145	799	ਜਿਨ ਕਉ ਤੁਮ੍ ਹਰਿ ਮੇਲਹੁ ਸੁਆਮੀ ਤੇ ਨ੍ਾਏ ਸੰਤੋਖ ਗੁਰ ਸਰਾ॥		Jin Ko Thumh Har Maelahu Suaamee Thae Nhaaeae Santhokh Gur Saraa ||	Those whom You unite with Yourself, O Lord and Master, bathe in the Guru's cleansing pool of contentment.	ਹੇ ਮਾਲਕ-ਪ੍ਰਭੂ! ਜਿਨ੍ਹਾਂ ਮਨੁੱਖਾਂ ਨੂੰ ਤੂੰ ਆਪਣੇ ਚਰਨਾਂ ਵਿਚ ਜੋੜਨਾ ਚਾਹੁੰਦਾ ਹੈਂ, ਉਹ ਸੰਤੋਖ ਦੇ ਸਰੋਵਰ ਗੁਰੂ ਵਿਚ ਇਸ਼ਨਾਨ ਕਰਦੇ ਰਹਿੰਦੇ ਹਨ (ਉਹ ਗੁਰੂ ਵਿਚ ਲੀਨ ਹੋ ਕੇ ਆਪਣਾ ਜੀਵਨ ਪਵਿਤ੍ਰ ਬਣਾ ਲੈਂਦੇ ਹਨ)।

34146	799	ਦੁਰਮਤਿ ਮੈਲੁ ਗਈ ਹਰਿ ਭਜਿਆ ਜਨ ਨਾਨਕ ਪਾਰਿ ਪਰਾ॥੪॥੩॥	ਭਜਿਆ:ਪੋਲਾ ਬੋਲੋ	Dhuramath Mail Gee Har Bhajiaa Jan Naanak Paar Paraa ||4||3||	Vibrating upon the Lord, the filth of their evil-mindedness is washed away; servant Nanak is carried across. ||4||3||	ਹੇ ਦਾਸ ਨਾਨਕ! ਜੇਹੜੇ ਮਨੁੱਖ ਪਰਮਾਤਮਾ ਦਾ ਭਜਨ ਕਰਦੇ ਹਨ, (ਉਹਨਾਂ ਦੇ ਅੰਦਰੋਂ) ਖੋਟੀ ਮਤਿ ਦੀ ਮੈਲ ਦੂਰ ਹੋ ਜਾਂਦੀ ਹੈ, ਉਹ (ਵਿਕਾਰਾਂ ਦੀਆਂ ਲਹਿਰਾਂ ਤੋਂ) ਪਾਰ ਲੰਘ ਜਾਂਦੇ ਹਨ ॥੪॥੩॥
34147	799	ਬਿਲਾਵਲੁ ਮਹਲਾ ੪॥		Bilaaval Mehalaa 4 ||	Bilaaval, Fourth Mehl:	
34148	799	ਆਵਹੁ ਸੰਤ ਮਿਲਹੁ ਮੇਰੇ ਭਾਈ ਮਿਲਿ ਹਰਿ ਹਰਿ ਕਥਾ ਕਰਹੁ॥		Aavahu Santh Milahu Maerae Bhaaee Mil Har Har Kathhaa Karahu ||	Come, O Saints, and join together, O my Siblings of Destiny; let us tell the Stories of the Lord, Har, Har.	ਹੇ ਸੰਤ ਜਨੋ! ਹੇ ਭਰਾਵੋ! (ਸਾਧ-ਸੰਗਤਿ ਵਿਚ) ਇਕੱਠੇ ਰਲ ਬੈਠੋ, ਅਤੇ ਮਿਲ ਕੇ ਸਦਾ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਕਰੋ।
34149	799	ਹਰਿ ਹਰਿ ਨਾਮੁ ਬੋਹਿਥੁ ਹੈ ਕਲਜੁਗਿ ਖੇਵਟੁ ਗੁਰ ਸਬਦਿ ਤਰਹੁ॥੧॥		Har Har Naam Bohithh Hai Kalajug Khaevatt Gur Sabadh Tharahu ||1||	The Naam,the Name of the Lord,is the boat in this Dark Age of Kali Yuga; the Word of the Guru's Shabad is the boatman to ferry us across. ||1||	ਇਸ ਕਲਹ-ਭਰੇ ਸੰਸਾਰ ਵਿਚ ਪਰਮਾਤਮਾ ਦਾ ਨਾਮ (ਮਾਨੋ) ਜਹਾਜ਼ ਹੈ, (ਗੁਰੂ ਇਸ ਜਹਾਜ਼ ਦਾ) ਮਲਾਹ (ਹੈ, ਤੁਸੀ) ਗੁਰੂ ਦੇ ਸ਼ਬਦ ਵਿਚ ਜੁੜ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘੋ ॥੧॥
34150	799	ਮੇਰੇ ਮਨ ਹਰਿ ਗੁਣ ਹਰਿ ਉਚਰਹੁ॥	ਉੱਚ-ਰਹੁ	Maerae Man Har Gun Har Oucharahu ||	O my mind, chant the Glorious Praises of the Lord.	ਹੇ ਮੇਰੇ ਮਨ! ਸਦਾ ਪਰਮਾਤਮਾ ਦੇ ਗੁਣ ਯਾਦ ਕਰਦਾ ਰਹੁ।

34151	799	ਮਸਤਕਿ ਲਿਖਤ ਲਿਖੇ ਗੁਨ ਗਾਏ ਮਿਲਿ ਸੰਗਤਿ ਪਾਰਿ ਪਰਹੁ॥੧॥ਰਹਾਉ॥		Masathak Likhath Likhae Gun Gaaeae Mil Sangath Paar Parahu ||1|| Rehaao ||	According to the pre-ordained destiny inscribed upon your forehead, sing the Praises of the Lord; join the Holy Congregation, and cross over the world-ocean. ||1||Pause||	ਜਿਸ ਮਨੁੱਖ ਦੇ ਮੱਥੇ ਉੱਤੇ ਲਿਖੇ ਚੰਗੇ ਭਾਗ ਜਾਗਦੇ ਹਨ ਉਹ ਪ੍ਰਭੂ ਦੇ ਗੁਣ ਗਾਂਦਾ ਹੈ। (ਹੇ ਮਨ! ਤੂੰ ਭੀ) ਸਾਧ ਸੰਗਤਿ ਵਿਚ ਮਿਲ ਕੇ (ਗੁਣ ਗਾ ਅਤੇ ਸੰਸਾਰ-ਸਮੁੰਦਰ ਤੋਂ) ਪਾਰ ਲੰਘ ॥੧॥ ਰਹਾਉ ॥
34152	800	ਕਾਇਆ ਨਗਰ ਮਹਿ ਰਾਮ ਰਸੁ ਊਤਮੁ ਕਿਉ ਪਾਈਐ ਉਪਦੇਸੁ ਜਨ ਕਰਹੁ॥		Kaaeiaa Nagar Mehi Raam Ras Ootham Kio Paaeeai Oupadhaes Jan Karahu ||	Within the body-village is the Lord's supreme, sublime essence. How can I obtain it? Teach me, O humble Saints.	(ਸ਼ਹਿਰਾਂ ਵਿਚ ਖਾਣ ਪੀਣ ਲਈ ਕਈ ਕਿਸਮਾਂ ਦੇ ਸੁਆਦਲੇ ਪਦਾਰਥ ਮਿਲਦੇ ਹਨ। ਮਨੁੱਖਾ) ਸਰੀਰ (ਭੀ, ਮਾਨੋ, ਇਕ ਸ਼ਹਿਰ ਹੈ, ਇਸ) ਸ਼ਹਿਰ ਵਿਚ ਪਰਮਾਤਮਾ ਦਾ ਨਾਮ (ਸਭ ਪਦਾਰਥਾਂ ਨਾਲੋਂ) ਵਧੀਆ ਸੁਆਦਲਾ ਪਦਾਰਥ ਹੈ। (ਪਰ) ਹੇ ਸੰਤ ਜਨੋ! (ਮੈਨੂੰ) ਸਮਝਾਓ ਕਿ ਇਹ ਕਿਵੇਂ ਹਾਸਲ ਹੋਵੇ।
34153	800	ਸਤਿਗੁਰੁ ਸੇਵਿ ਸਫਲ ਹਰਿ ਦਰਸਨੁ ਮਿਲਿ ਅੰਮ੍ਰਿਤੁ ਹਰਿ ਰਸੁ ਪੀਅਹੁ॥੨॥		Sathigur Saev Safal Har Dharasan Mil Anmrith Har Ras Peeahu ||2||	Serving the True Guru, you shall obtain the Fruitful Vision of the Lord's Darshan; meeting Him, drink in the ambrosial essence of the Lord's Nectar. ||2||	(ਸੰਤ ਜਨ ਇਹੀ ਦੱਸਦੇ ਹਨ ਕਿ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ (ਆਤਮਕ ਜੀਵਨ-) ਫਲ ਦੇਣ ਵਾਲਾ ਦਰਸਨ ਕਰੋ, ਗੁਰੂ ਨੂੰ ਮਿਲ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦੇ ਰਹੋ ॥੨॥

34154	800	ਹਰਿ ਹਰਿ ਨਾਮੁ ਅੰਮ੍ਰਿਤੁ ਹਰਿ ਮੀਠਾ ਹਰਿ ਸੰਤਹੁ ਚਾਖਿ ਦਿਖਹੁ॥		Har Har Naam Anmrith Har Meethaa Har Santhahu Chaakh Dhikhahu ||	The Ambrosial Name of the Lord, Har, Har, is so sweet; O Saints of the Lord, taste it, and see.	ਹੇ ਸੰਤ ਜਨੋ! ਬੇ-ਸ਼ੱਕ ਚੱਖ ਕੇ ਵੇਖ ਲਵੋ, ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਮਿੱਠਾ ਜਲ ਹੈ।
34155	800	ਗੁਰਮਤਿ ਹਰਿ ਰਸੁ ਮੀਠਾ ਲਾਗਾ ਤਿਨ੍ਹ ਬਿਸਰੇ ਸਭਿ ਬਿਖ ਰਸਹੁ ॥੩॥		Guramath Har Ras Meethaa Laagaa Thin Bisarae Sabh Bikh Rasahu ||3||	Under Guru's Instruction, the Lord's essence seems so sweet; through it, all corrupt sensual pleasures are forgotten. ||3||	ਗੁਰੂ ਦੀ ਸਿੱਖਿਆ ਉੱਤੇ ਤੁਰ ਕੇ ਜਿਨ੍ਹਾਂ ਮਨੁੱਖਾਂ ਨੂੰ ਇਹ ਨਾਮ-ਰਸ ਸੁਆਦਲਾ ਲੱਗਦਾ ਹੈ, ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲੇ ਹੋਰ ਸਾਰੇ ਰਸ ਉਹਨਾਂ ਨੂੰ ਭੁੱਲ ਜਾਂਦੇ ਹਨ ॥੩॥
34156	800	ਰਾਮ ਨਾਮੁ ਰਸੁ ਰਾਮ ਰਸਾਇਣੁ ਹਰਿ ਸੇਵਹੁ ਸੰਤ ਜਨਹੁ॥		Raam Naam Ras Raam Rasaaein Har Saevahu Santh Janahu ||	The Name of the Lord is the medicine to cure all diseases; so serve the Lord, O humble Saints.	ਹੇ ਸੰਤ ਜਨੋ! ਪਰਮਾਤਮਾ ਦਾ ਨਾਮ ਸੁਆਦਲਾ ਪਦਾਰਥ ਹੈ, ਰਸੈਣ ਹੈ, ਸਦਾ ਇਸ ਦਾ ਸੇਵਨ ਕਰਦੇ ਰਹੋ (ਸਦਾ ਇਸ ਨੂੰ ਵਰਤਦੇ ਰਹੋ)।
34157	800	ਚਾਰਿ ਪਦਾਰਥ ਚਾਰੇ ਪਾਏ ਗੁਰਮਤਿ ਨਾਨਕ ਹਰਿ ਭਜਹੁ॥੪॥੪॥		Chaar Padhaarathh Chaarae Paaeae Guramath Naanak Har Bhajahu ||4||4||	The four great blessings are obtained, O Nanak, by vibrating upon the Lord, under Guru's Instruction. ||4||4||	ਹੇ ਨਾਨਕ! (ਜਗਤ ਵਿਚ ਕੁੱਲ) ਚਾਰ ਪਦਾਰਥ (ਗਿਣੇ ਗਏ ਹਨ, ਨਾਮ-ਰਸੈਣ ਦੀ ਬਰਕਤਿ ਨਾਲ ਇਹ) ਚਾਰੇ ਹੀ ਮਿਲ ਜਾਂਦੇ ਹਨ। (ਇਸ ਵਾਸਤੇ) ਗੁਰੂ ਦੀ ਮਤਿ ਲੈ ਕੇ ਸਦਾ ਹਰਿ-ਨਾਮ ਦਾ ਭਜਨ ਕਰਦੇ ਰਹੋ ॥੪॥੪॥

34158	800	ਬਿਲਾਵਲੁ ਮਹਲਾ ੪॥		Bilaaval Mehalaa 4 ||	Bilaaval, Fourth Mehl:	
34159	800	ਖਤ੍ਰੀ ਬ੍ਰਾਹਮਣੁ ਸੂਦੁ ਵੈਸੁ ਕੋ ਜਾਪੈ ਹਰਿ ਮੰਤ੍ਰੁ ਜਪੈਨੀ॥		Khathree Braahaman Soodh Vais Ko Jaapai Har Manthra Japainee ||	Anyone from any class - Kh'shaatriya Brahman, Soodra or Vaishya - can chant, and meditate on the Mantra of the Lord's Name.	ਕੋਈ ਖਤ੍ਰੀ ਹੋਵੇ, ਚਾਹੇ ਬ੍ਰਾਹਮਣ ਹੋਵੇ, ਕੋਈ ਸ਼ੂਦਰ ਹੋਵੇ ਚਾਹੇ ਵੈਸ਼ ਹੋਵੇ, ਹਰੇਕ (ਸ਼੍ਰੇਣੀ ਦਾ) ਮਨੁੱਖ ਪ੍ਰਭੂ ਦਾ ਨਾਮ-ਮੰਤ੍ਰ ਜਪ ਸਕਦਾ ਹੈ (ਇਹ ਸਭਨਾਂ ਵਾਸਤੇ) ਜਪਣ-ਜੋਗ ਹੈ।
34160	800	ਗੁਰੁ ਸਤਿਗੁਰੁ ਪਾਰਬ੍ਰਹਮੁ ਕਰਿ ਪੂਜਹੁ ਨਿਤ ਸੇਵਹੁ ਦਿਨਸੁ ਸਭ ਰੈਨੀ॥੧॥		Gur Sathigur Paarabreham Kar Poojahu Nith Saevahu Dhinas Sabh Rainee ||1||	Worship the Guru, the True Guru, as the Supreme Lord God; serve Him constantly, all day and night. ||1||	ਹੇ ਹਰੀ-ਜਨੋ! ਗੁਰੂ ਨੂੰ ਪਰਮਾਤਮਾ ਦਾ ਰੂਪ ਜਾਣ ਕੇ ਗੁਰੂ ਦੀ ਸਰਨ ਪਵੋ। ਦਿਨ ਰਾਤ ਹਰ ਵੇਲੇ ਗੁਰੂ ਦੀ ਸਰਨ ਪਏ ਰਹੋ ॥੧॥
34161	800	ਹਰਿ ਜਨ ਦੇਖਹੁ ਸਤਿਗੁਰੁ ਨੈਨੀ॥		Har Jan Dhaekhahu Sathigur Nainee ||	O humble servants of the Lord, behold the True Guru with your eyes.	ਹੇ ਪ੍ਰਭੂ ਦੇ ਸੇਵਕ-ਜਨੋ! ਗੁਰੂ ਨੂੰ ਅੱਖਾਂ ਖੋਲ੍ਹ ਕੇ ਵੇਖੋ (ਗੁਰੂ ਪਾਰਬ੍ਰਹਮ ਦਾ ਰੂਪ ਹੈ)।
34162	800	ਜੋ ਇਛਹੁ ਸੋਈ ਫਲੁ ਪਾਵਹੁ ਹਰਿ ਬੋਲਹੁ ਗੁਰਮਤਿ ਬੈਨੀ॥੧॥ਰਹਾਉ॥		Jo Eishhahu Soee Fal Paavahu Har Bolahu Guramath Bainee ||1|| Rehaao ||	Whatever you wish for, you shall receive, chanting the Word of the Lord's Name, under Guru's Instruction. ||1||Pause||	ਗੁਰੂ ਦੀ ਦਿੱਤੀ ਮਤਿ ਉਤੇ ਤੁਰ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਬਚਨ ਬੋਲੋ, ਜੇਹੜੀ ਇੱਛਾ ਕਰੋਗੇ ਉਹੀ ਫਲ ਪ੍ਰਾਪਤ ਕਰ ਲਵੋਗੇ ॥੧॥ ਰਹਾਉ ॥

34163	800	ਅਨਿਕ ਉਪਾਵ ਚਿਤਵੀਅਹਿ ਬਹੁਤੇਰੇ ਸਾ ਹੋਵੈ ਜਿ ਬਾਤ ਹੋਵੈਨੀ॥		Anik Oupaav Chithaveeahi Bahuthaerae Saa Hovai J Baath Hovainee ||	People think of many and various efforts, but that alone happens, which is to happen.	(ਗੁਰੂ ਪਰਮੇਸਰ ਦਾ ਆਸਰਾ-ਪਰਨਾ ਭੁਲਾ ਕੇ ਆਪਣੀ ਭਲਾਈ ਦੇ) ਅਨੇਕਾਂ ਤੇ ਬਥੇਰੇ ਢੰਗ ਸੋਚੀਦੇ ਹਨ, ਪਰ ਉਹੀ ਗੱਲ ਹੁੰਦੀ ਹੈ ਜੋ (ਰਜ਼ਾ ਅਨੁਸਾਰ) ਜ਼ਰੂਰ ਹੋਣੀ ਹੁੰਦੀ ਹੈ।
34164	800	ਅਪਨਾ ਭਲਾ ਸਭੁ ਕੋਈ ਬਾਛੈ ਸੋ ਕਰੇ ਜਿ ਮੇਰੈ ਚਿਤਿ ਨ ਚਿਤੈਨੀ॥੨॥		Apanaa Bhalaa Sabh Koee Baashhai So Karae J Maerai Chith N Chithainee ||2||	All beings seek goodness for themselves, but what the Lord does - that may not be what we think and expect. ||2||	ਹਰੇਕ ਜੀਵ ਆਪਣਾ ਭਲਾ ਲੋੜਦਾ ਹੈ, ਪਰ ਪ੍ਰਭੂ ਉਹ ਕੰਮ ਕਰ ਦੇਂਦਾ ਹੈ ਜੋ ਮੇਰੇ (ਤੁਹਾਡੇ) ਚਿੱਤ ਚੇਤੇ ਭੀ ਨਹੀਂ ਹੁੰਦਾ ॥੨॥
34165	800	ਮਨ ਕੀ ਮਤਿ ਤਿਆਗਹੁ ਹਰਿ ਜਨ ਏਹਾ ਬਾਤ ਕਠੈਨੀ॥		Man Kee Math Thiaagahu Har Jan Eaehaa Baath Kathainee ||	So renounce the clever intellect of your mind, O humble servants of the Lord, no matter how hard this may be.	ਹੇ ਸੰਤ ਜਨੋ! ਆਪਣੇ ਮਨ ਦੀ ਮਰਜ਼ੀ (ਉਤੇ ਤੁਰਨਾ) ਛੱਡ ਦਿਉ (ਗੁਰੂ ਦੇ ਹੁਕਮ ਵਿਚ ਤੁਰੋ), ਪਰ ਇਹ ਗੱਲ ਹੈ ਬੜੀ ਹੀ ਔਖੀ।
34166	800	ਅਨ ਦਿਨੁ ਹਰਿ ਹਰਿ ਨਾਮੁ ਧਿਆਵਹੁ ਗੁਰ ਸਤਿਗੁਰ ਕੀ ਮਤਿ ਲੈਨੀ॥੩॥		Anadhin Har Har Naam Dhhiaavahu Gur Sathigur Kee Math Lainee ||3||	Night and day, meditate on the Naam, the Name of the Lord, Har, Har; accept the wisdom of the Guru, the True Guru. ||3||	(ਫਿਰ ਭੀ) ਗੁਰੂ ਪਾਤਿਸ਼ਾਹ ਦੀ ਮਤਿ ਲੈ ਕੇ ਹਰ ਵੇਲੇ ਪਰਮਾਤਮਾ ਦਾ ਨਾਮ ਜਪਿਆ ਕਰੋ ॥੩॥

34167	800	ਮਤਿ ਸੁਮਤਿ ਤੇਰੈ ਵਸਿ ਸੁਆਮੀ ਹਮ ਜੰਤ ਤੂ ਪੁਰਖੁ ਜੰਤੈਨੀ॥	ਸੁ-ਮੱਤਿ ਵੱਸਿ	Math Sumath Thaerai Vas Suaamee Ham Janth Thoo Purakh Janthainee ||	Wisdom, balanced wisdom is in Your power, O Lord and Master; I am the instrument, and You are the player, O Primal Lord.	ਹੇ ਮਾਲਕ-ਪ੍ਰਭੂ! ਚੰਗੀ ਮੰਦੀ ਮਤਿ ਤੇਰੇ ਆਪਣੇ ਵੱਸ ਵਿਚ ਹੈ (ਤੇਰੀ ਪ੍ਰੇਰਨਾ ਅਨੁਸਾਰ ਹੀ ਕੋਈ ਜੀਵ ਚੰਗੇ ਰਾਹ ਤੁਰਦਾ ਹੈ ਕੋਈ ਮੰਦੇ ਪਾਸੇ), ਅਸੀਂ ਤੇਰੇ ਵਾਜੇ ਹਾਂ, ਤੂੰ ਸਾਨੂੰ ਵਜਾਣ ਵਾਲਾ ਸਭ ਵਿਚ ਵੱਸਣ ਵਾਲਾ ਪ੍ਰਭੂ ਹੈਂ।
34168	800	ਜਨ ਨਾਨਕ ਕੇ ਪ੍ਰਭ ਕਰਤੇ ਸੁਆਮੀ ਜਿਉ ਭਾਵੈ ਤਿਵੈ ਬੁਲੈਨੀ॥੪॥੫॥		Jan Naanak Kae Prabh Karathae Suaamee Jio Bhaavai Thivai Bulainee ||4||5||	O God, O Creator, Lord and Master of servant Nanak, as You wish, so do I speak. ||4||5||	ਹੇ ਦਾਸ ਨਾਨਕ ਦੇ ਮਾਲਕ ਪ੍ਰਭੂ ਕਰਤਾਰ! ਜਿਵੇਂ ਤੈਨੂੰ ਚੰਗਾ ਲੱਗਦਾ ਹੈ ਤਿਵੇਂ ਤੂੰ ਸਾਨੂੰ ਬੁਲਾਂਦਾ ਹੈ (ਸਾਡੇ ਮੂੰਹੋਂ ਬੋਲ ਕਢਾਂਦਾ ਹੈਂ) ॥੪॥੫॥
34169	800	ਬਿਲਾਵਲੁ ਮਹਲਾ ੪॥		Bilaaval Mehalaa 4 ||	Bilaaval, Fourth Mehl:	
34170	800	ਅਨਦ ਮੂਲੁ ਧਿਆਇਓ ਪੁਰਖੋਤਮੁ ਅਨ ਦਿਨੁ ਅਨਦ ਅਨੰਦੇ॥		Anadh Mool Dhhiaaeiou Purakhotham Anadhin Anadh Anandhae ||	I meditate on the source of bliss, the Sublime Primal Being; night and day, I am in ecstasy and bliss.	ਹੇ ਮਨ! ਜਿਸ ਮਨੁੱਖ ਨੇ ਆਨੰਦ ਦੇ ਸੋਮੇ ਉੱਤਮ ਪੁਰਖ ਪ੍ਰਭੂ ਦਾ ਨਾਮ ਸਿਮਰਿਆ, ਉਹ ਹਰ ਵੇਲੇ ਆਨੰਦ ਹੀ ਆਨੰਦ ਵਿਚ ਲੀਨ ਰਹਿੰਦਾ ਹੈ।

34171	800	ਧਰਮਰਾਇ ਕੀ ਕਾਣਿ ਚੁਕਾਈ ਸਭਿ ਚੂਕੇ ਜਮ ਕੇ ਛੰਦੇ॥੧॥		Dhharam Raae Kee Kaan Chukaaee Sabh Chookae Jam Kae Shhandhae ||1||	The Righteous Judge of Dharma has no power over me; I have cast off all subservience to the Messenger of Death. ||1||	ਉਸ ਨੂੰ ਧਰਮਰਾਜ ਦੀ ਮੁਥਾਜੀ ਨਹੀਂ ਰਹਿੰਦੀ, ਉਹ ਮਨੁੱਖ ਜਮਰਾਜ ਦੇ ਭੀ ਸਾਰੇ ਡਰ ਮੁਕਾ ਦੇਂਦਾ ਹੈ ॥੧॥
34172	800	ਜਪਿ ਮਨ ਹਰਿ ਹਰਿ ਨਾਮੁ ਗੋਬਿੰਦੇ॥		Jap Man Har Har Naam Guobindhae ||	Meditate, O mind, on the Naam, the Name of the Lord of the Universe.	ਹੇ (ਮੇਰੇ) ਮਨ! ਹਰੀ ਗੋਬਿੰਦ ਦਾ ਨਾਮ ਸਦਾ ਜਪਿਆ ਕਰ।
34173	800	ਵਡਭਾਗੀ ਗੁਰੁ ਸਤਿਗੁਰੁ ਪਾਇਆ ਗੁਣ ਗਾਏ ਪਰਮਾਨੰਦੇ॥੧॥ਰਹਾਉ॥		Vaddabhaagee Gur Sathigur Paaeiaa Gun Gaaeae Paramaanandhae ||1|| Rehaao ||	By great good fortune, I have found the Guru, the True Guru; I sing the Glorious Praises of the Lord of supreme bliss. ||1||Pause||	ਜਿਸ ਵੱਡੇ ਭਾਗਾਂ ਵਾਲੇ ਮਨੁੱਖ ਨੂੰ ਗੁਰੂ ਮਿਲ ਪਿਆ, ਉਹ ਸਭ ਤੋਂ ਉੱਚੇ ਆਨੰਦ ਦੇ ਮਾਲਕ-ਪ੍ਰਭੂ ਦੇ ਗੁਣ ਗਾਂਦਾ ਹੈ (ਸੋ, ਹੇ ਮਨ! ਗੁਰੂ ਦੀ ਸਰਨ ਪਉ) ॥੧॥ ਰਹਾਉ ॥
34174	800	ਸਾਕਤ ਮੂੜ ਮਾਇਆ ਕੇ ਬਧਿਕ ਵਿਚਿ ਮਾਇਆ ਫਿਰਹਿ ਫਿਰੰਦੇ॥	ਬੱਧਿਕ	Saakath Moorr Maaeiaa Kae Badhhik Vich Maaeiaa Firehi Firandhae ||	The foolish faithless cynics are held captive by Maya; in Maya, they continue wandering, wandering around.	ਹੇ ਮਨ! ਪਰਮਾਤਮਾ ਨਾਲੋਂ ਟੁੱਟੇ ਹੋਏ ਮੂਰਖ ਮਨੁੱਖ ਮਾਇਆ (ਦੇ ਮੋਹ) ਵਿਚ ਬੱਝੇ ਰਹਿੰਦੇ ਹਨ, ਅਤੇ ਮਾਇਆ ਦੀ ਖ਼ਾਤਰ ਹੀ ਸਦਾ ਭਟਕਦੇ ਰਹਿੰਦੇ ਹਨ।

34175	800	ਤ੍ਰਿਸਨਾ ਜਲਤ ਕਿਰਤ ਕੇ ਬਾਧੇ ਜਿਉ ਤੇਲੀ ਬਲਦ ਭਵੰਦੇ॥੨॥		Thrisanaa Jalath Kirath Kae Baadhhae Jio Thaelee Baladh Bhavandhae ||2||	Burnt by desire, and bound by the karma of their past actions, they go round and round, like the ox at the mill press. ||2||	ਆਪਣੇ ਕੀਤੇ ਕਰਮਾਂ ਦੇ ਸੰਸਕਾਰਾਂ ਦੇ ਬੱਝੇ ਹੋਏ ਉਹ ਮਨੁੱਖ ਤ੍ਰਿਸ਼ਨਾ (ਦੀ ਅੱਗ) ਵਿਚ ਸੜਦੇ ਰਹਿੰਦੇ ਹਨ ਅਤੇ (ਜਨਮ ਮਰਨ ਦੇ ਗੇੜ ਵਿਚ) ਭੌਂਦੇ ਰਹਿੰਦੇ ਹਨ ਜਿਵੇਂ ਤੇਲੀਆਂ ਦੇ ਬਲਦ ਕੋਹਲੂ ਦੁਆਲੇ ਸਦਾ ਭੌਂਦੇ ਹਨ ॥੨॥
34176	800	ਗੁਰਮੁਖਿ ਸੇਵ ਲਗੇ ਸੇ ਉਧਰੇ ਵਡਭਾਗੀ ਸੇਵ ਕਰੰਦੇ॥		Guramukh Saev Lagae Sae Oudhharae Vaddabhaagee Saev Karandhae ||	The Gurmukhs, who focus on serving the Guru, are saved; by great good fortune, they perform service.	ਹੇ ਮਨ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਪ੍ਰਭੂ ਦੀ ਸੇਵਾ-ਭਗਤੀ ਵਿਚ ਲੱਗ ਪਏ, ਉਹ (ਤ੍ਰਿਸ਼ਨਾ ਦੀ ਅੱਗ ਵਿਚ ਸੜਨ ਤੋਂ) ਬਚ ਗਏ। (ਪਰ, ਹੇ ਮਨ!) ਵੱਡੇ ਭਾਗਾਂ ਵਾਲੇ ਮਨੁੱਖ ਹੀ ਸੇਵਾ-ਭਗਤੀ ਕਰਦੇ ਹਨ।
34177	800	ਜਿਨ ਹਰਿ ਜਪਿਆ ਤਿਨ ਫਲੁ ਪਾਇਆ ਸਭਿ ਤੂਟੇ ਮਾਇਆ ਫੰਦੇ॥੩॥		Jin Har Japiaa Thin Fal Paaeiaa Sabh Thoottae Maaeiaa Fandhae ||3||	Those who meditate on the Lord obtain the fruits of their rewards, and the bonds of Maya are all broken. ||3||	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਜਪਿਆ, ਉਹਨਾਂ ਨੇ (ਤ੍ਰਿਸ਼ਨਾ-ਅੱਗ ਵਿਚ ਸੜਨ ਤੋਂ ਬਚਣ ਦਾ) ਫਲ ਪ੍ਰਾਪਤ ਕਰ ਲਿਆ। ਉਹਨਾਂ ਦੀਆਂ ਮਾਇਆ ਦੀਆਂ ਸਾਰੀਆਂ ਹੀ ਫਾਹੀਆਂ ਟੁੱਟ ਜਾਂਦੀਆਂ ਹਨ ॥੩॥

34178	800	ਆਪੇ ਠਾਕੁਰੁ ਆਪੇ ਸੇਵਕੁ ਸਭੁ ਆਪੇ ਆਪਿ ਗੋਵਿੰਦੇ॥		Aapae Thaakur Aapae Saevak Sabh Aapae Aap Govindhae ||	He Himself is the Lord and Master, and He Himself is the servant. The Lord of the Universe Himself is all by Himself.	(ਪਰ ਹੇ ਮਨ!) ਪ੍ਰਭੂ ਆਪ ਹੀ (ਜੀਵਾਂ ਦਾ) ਮਾਲਕ ਹੈ (ਸਭ ਵਿਚ ਵਿਆਪਕ ਹੋ ਕੇ) ਆਪ ਹੀ (ਆਪਣੀ) ਸੇਵਾ-ਭਗਤੀ ਕਰਨ ਵਾਲਾ ਹੈ, ਹਰ ਥਾਂ ਗੋਬਿੰਦ-ਪ੍ਰਭੂ ਆਪ ਹੀ ਆਪ ਮੌਜੂਦ ਹੈ।
34179	800	ਜਨ ਨਾਨਕ ਆਪੇ ਆਪਿ ਸਭੁ ਵਰਤੈ ਜਿਉ ਰਾਖੈ ਤਿਵੈ ਰਹੰਦੇ॥੪॥੬॥		Jan Naanak Aapae Aap Sabh Varathai Jio Raakhai Thivai Rehandhae ||4||6||	O servant Nanak, He Himself is All-pervading; as He keeps us, we remain. ||4||6||	ਹੇ ਦਾਸ ਨਾਨਕ! ਹਰ ਥਾਂ ਪ੍ਰਭੂ ਆਪ ਹੀ ਆਪ ਵੱਸ ਰਿਹਾ ਹੈ। ਜਿਵੇਂ ਉਹ (ਜੀਵਾਂ ਨੂੰ) ਰੱਖਦਾ ਹੈ ਉਸੇ ਤਰ੍ਹਾਂ ਹੀ ਜੀਵ ਜੀਵਨ ਨਿਰਬਾਹ ਕਰਦੇ ਹਨ (ਕੋਈ ਉਸ ਦਾ ਸਿਮਰਨ ਕਰਦੇ ਹਨ, ਕੋਈ ਮਾਇਆ ਵਿਚ ਭਟਕਦੇ ਹਨ) ॥੪॥੬॥
34180	800	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
34181	800	ਰਾਗੁ ਬਿਲਾਵਲੁ ਮਹਲਾ ੪ ਪੜਤਾਲ ਘਰੁ ੧੩॥		Raag Bilaaval Mehalaa 4 Parrathaal Ghar 13 ||	Raag Bilaaval, Fourth Mehl, Partaal, Thirteenth House:	ਰਾਗ ਬਿਲਾਵਲੁ, ਘਰ ੧੩ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਪੜਤਾਲ'।
34182	800	ਬੋਲਹੁ ਭਈਆ ਰਾਮ ਨਾਮੁ ਪਤਿਤ ਪਾਵਨੋ॥		Bolahu Bheeaa Raam Naam Pathith Paavano ||	O Siblings of Destiny, chant the Name of the Lord, the Purifier of sinners.	ਹੇ ਭਾਈ! ਉਸ ਪਰਮਾਤਮਾ ਦਾ ਨਾਮ ਸਿਮਰਿਆ ਕਰ, ਜੋ ਵਿਕਾਰੀਆਂ ਨੂੰ ਪਵਿੱਤਰ ਬਣਾਣ ਵਾਲਾ ਹੈ,

34183	800	ਹਰਿ ਸੰਤ ਭਗਤ ਤਾਰਨੋ॥		Har Santh Bhagath Thaarano ||	The Lord emancipates his Saints and devotees.	ਜੋ ਆਪਣੇ ਸੰਤਾਂ ਨੂੰ ਆਪਣੇ ਭਗਤਾਂ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਵਾਲਾ ਹੈ,
34184	801	ਹਰਿ ਭਰਿਪੁਰੇ ਰਹਿਆ॥		Har Bharipurae Rehiaa ||	The Lord is totally permeating and pervading everywhere;	ਜੋ (ਸਾਰੇ ਜਗਤ ਵਿਚ) ਹਰ ਥਾਂ ਮੌਜੂਦ ਹੈ।
34185	801	ਜਲਿ ਥਲੇ ਰਾਮ ਨਾਮੁ॥		Jal Thhalae Raam Naam ||	The Name of the Lord is pervading the water and the land.	ਹੇ ਭਾਈ! ਜੋ ਪਾਣੀ ਵਿਚ ਹੈ, ਜੋ ਧਰਤੀ ਵਿਚ ਹੈ,
34186	801	ਨਿਤ ਗਾਈਐ ਹਰਿ ਦੂਖ ਬਿਸਾਰਨੋ॥੧॥ਰਹਾਉ॥		Nith Gaaeeai Har Dhookh Bisaarano ||1|| Rehaao ||	So sing continuously of the Lord, the Dispeller of pain. ||1||Pause||	ਜੋ (ਜੀਵਾਂ ਦੇ) ਸਾਰੇ ਦੁੱਖ ਦੂਰ ਕਰਨ ਵਾਲਾ ਹੈ, ਉਸ ਹਰੀ ਦੀ ਸਿਫ਼ਤਿ-ਸਾਲਾਹ ਦਾ ਗੀਤ ਸਦਾ ਗਾਣਾ ਚਾਹੀਦਾ ਹੈ ॥੧॥ ਰਹਾਉ॥
34187	801	ਹਰਿ ਕੀਆ ਹੈ ਸਫਲ ਜਨਮੁ ਹਮਾਰਾ॥		Har Keeaa Hai Safal Janam Hamaaraa ||	The Lord has made my life fruitful and rewarding.	(ਹੇ ਭਾਈ!) ਪਰਮਾਤਮਾ ਨੇ ਮੇਰੀ ਜ਼ਿੰਦਗੀ ਕਾਮਯਾਬ ਬਣਾ ਦਿੱਤੀ ਹੈ,
34188	801	ਹਰਿ ਜਪਿਆ ਹਰਿ ਦੂਖ ਬਿਸਾਰਨਹਾਰਾ॥		Har Japiaa Har Dhookh Bisaaranehaaraa ||	I meditate on the Lord, the Dispeller of pain.	(ਕਿਉਂਕਿ ਗੁਰੂ ਦੀ ਕਿਰਪਾ ਨਾਲ) ਮੈਂ ਉਸ ਪਰਮਾਤਮਾ ਦਾ ਨਾਮ ਜਪਣ ਲੱਗ ਪਿਆ ਹਾਂ, ਜੋ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ।
34189	801	ਗੁਰੁ ਭੇਟਿਆ ਹੈ ਮੁਕਤਿ ਦਾਤਾ॥		Gur Bhaettiaa Hai Mukath Dhaathaa ||	I have met the Guru, the Giver of liberation.	(ਹੇ ਭਾਈ!) ਵਿਕਾਰਾਂ ਤੋਂ ਖ਼ਲਾਸੀ ਦਿਵਾਣ ਵਾਲਾ ਗੁਰੂ ਮੈਨੂੰ ਮਿਲ ਪਿਆ,

34190	801	ਹਰਿ ਕੀਈ ਹਮਾਰੀ ਸਫਲ ਜਾਤਾ॥	ਕੀ-ਈ	Har Keeee Hamaaree Safal Jaathaa ||	The Lord has made my life's journey fruitful and rewarding.	(ਇਸ ਕਰਕੇ) ਪਰਮਾਤਮਾ ਨੇ ਮੇਰੀ ਜੀਵਨ-ਜਾਤ੍ਰਾ ਕਾਮਯਾਬ ਕਰ ਦਿੱਤੀ ਹੈ।
34191	801	ਮਿਲਿ ਸੰਗਤੀ ਗੁਨ ਗਾਵਨੋ॥੧॥	ਸੰਗਤੀਂ	Mil Sangathee Gun Gaavano ||1||	Joining the Sangat, the Holy Congregation, I sing the Glorious Praises of the Lord. ||1||	(ਹੁਣ) ਮੈਂ ਸਾਧ ਸੰਗਤਿ ਵਿਚ ਮਿਲ ਕੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਹਾਂ ॥੧॥
34192	801	ਮਨ ਰਾਮ ਨਾਮ ਕਰਿ ਆਸਾ॥		Man Raam Naam Kar Aasaa ||	O mortal, place your hopes in the Name of the Lord,	ਹੇ (ਮੇਰੇ) ਮਨ! ਪਰਮਾਤਮਾ ਦੇ ਨਾਮ ਉਤੇ ਹੀ ਡੋਰੀ ਰੱਖ,
34193	801	ਭਾਉ ਦੂਜਾ ਬਿਨਸਿ ਬਿਨਾਸਾ॥		Bhaao Dhoojaa Binas Binaasaa ||	And your love of duality shall simply vanish.	ਪਰਮਾਤਮਾ ਦਾ ਨਾਮ ਮਾਇਆ ਦੇ ਮੋਹ ਨੂੰ ਪੂਰਨ ਤੌਰ ਤੇ (ਅੰਦਰੋਂ) ਮੁਕਾ ਦੇਂਦਾ ਹੈ।
34194	801	ਵਿਚਿ ਆਸਾ ਹੋਇ ਨਿਰਾਸੀ॥		Vich Aasaa Hoe Niraasee ||	One who, in hope, remains unattached to hope,	(ਹੇ ਭਾਈ!) ਜੇਹੜਾ ਮਨੁੱਖ ਦੁਨੀਆ ਦੇ ਕੰਮ-ਕਾਰ ਵਿਚ ਰਹਿੰਦਾ ਹੋਇਆ ਮਾਇਆ ਦੇ ਮੋਹ ਤੋਂ ਨਿਰਲੇਪ ਰਹਿੰਦਾ ਹੈ,
34195	801	ਸੋ ਜਨੁ ਮਿਲਿਆ ਹਰਿ ਪਾਸੀ॥	ਪੱਾਸੀ	So Jan Miliaa Har Paasee ||	Such a humble being meets with his Lord.	ਉਹ ਮਨੁੱਖ ਪਰਮਾਤਮਾ ਦੇ ਚਰਨਾਂ ਵਿਚ ਮਿਲਿਆ ਰਹਿੰਦਾ ਹੈ।
34196	801	ਕੋਈ ਰਾਮ ਨਾਮ ਗੁਨ ਗਾਵਨੋ॥		Koee Raam Naam Gun Gaavano ||	And one who sings the Glorious Praises of the Lord's Name	(ਹੇ ਭਾਈ!) ਜੇਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ,

34197	801	ਜਨੁ ਨਾਨਕੁ ਤਿਸੁ ਪਗਿ ਲਾਵਨੋ॥੨॥੧॥੭॥੪॥੬॥੭॥੧੭॥	ਪਗਿ:ਪੋਲਾ ਬੋਲੋ	Jan Naanak This Pag Laavano ||2||1||7||4||6||7||17||	- servant Nanak falls at his feet. ||2||1||7||4||6||7||17||	ਦਾਸ ਨਾਨਕ ਉਸ ਦੇ ਪੈਰੀਂ ਲੱਗਦਾ ਹੈ ॥੨॥੧॥੭॥੪॥੬॥੭॥੧੭॥
34198	801	ਰਾਗੁ ਬਿਲਾਵਲੁ ਮਹਲਾ ੫ ਚਉਪਦੇ ਘਰੁ ੧		Raag Bilaaval Mehalaa 5 Choupadhae Ghar 1	Raag Bilaaval, Fifth Mehl, Chau-Padas, First House:	ਰਾਗ ਬਿਲਾਵਲੁ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
34199	801	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
34200	801	ਨਦਰੀ ਆਵੈ ਤਿਸੁ ਸਿਉ ਮੋਹੁ॥		Nadharee Aavai This Sio Mohu ||	He is attached to what he sees.	ਹੇ ਸਦਾ-ਥਿਰ ਰਹਿਣ ਵਾਲੇ! ਜੋ ਕੁਝ ਅੱਖਾਂ ਨਾਲ ਦਿੱਸ ਰਿਹਾ ਹੈ, ਮੇਰਾ ਉਸ ਨਾਲ ਸਦਾ ਮੋਹ ਬਣਿਆ ਰਹਿੰਦਾ ਹੈ,
34201	801	ਕਿਉ ਮਿਲੀਐ ਪ੍ਰਭ ਅਬਿਨਾਸੀ ਤੋਹਿ॥		Kio Mileeai Prabh Abinaasee Thohi ||	How can I meet You, O Imperishable God?	(ਪਰ ਤੂੰ ਇਹਨਾਂ ਅੱਖਾਂ ਨਾਲ ਦਿੱਸਦਾ ਨਹੀਂ) ਤੈਨੂੰ ਮੈਂ ਕਿਸ ਤਰ੍ਹਾਂ ਮਿਲਾਂ?
34202	801	ਕਰਿ ਕਿਰਪਾ ਮੋਹਿ ਮਾਰਗਿ ਪਾਵਹੁ॥		Kar Kirapaa Mohi Maarag Paavahu ||	Have Mercy upon me, and place me upon the Path;	(ਹੇ ਪ੍ਰਭੂ!) ਕਿਰਪਾ ਕਰ ਕੇ ਮੈਨੂੰ (ਜੀਵਨ ਦੇ ਸਹੀ) ਰਸਤੇ ਉਤੇ ਤੋਰ,

34203	801	ਸਾਧਸੰਗਤਿ ਕੈ ਅੰਚਲਿ ਲਾਵਹੁ॥੧॥		Saadhhasangath Kai Anchal Laavahu ||1||	Let me be attached to the hem of the robe of the Saadh Sangat, the Company of the Holy. ||1||	ਮੈਨੂੰ ਸਾਧ ਸੰਗਤਿ ਦੇ ਲੜ ਨਾਲ ਲਾ ਦੇ ॥੧॥
34204	801	ਕਿਉ ਤਰੀਐ ਬਿਖਿਆ ਸੰਸਾਰੁ॥		Kio Thareeai Bikhiaa Sansaar ||	How can I cross over the poisonous world-ocean?	(ਹੇ ਭਾਈ!) ਇਹ ਸੰਸਾਰ ਮਾਇਆ (ਦੇ ਮੋਹ ਦੀਆਂ ਲਹਿਰਾਂ ਨਾਲ ਭਰਪੂਰ) ਹੈ (ਇਸ ਵਿਚੋਂ) ਕਿਵੇਂ ਪਾਰ ਲੰਘਿਆ ਜਾਏ?
34205	801	ਸਤਿਗੁਰੁ ਬੋਹਿਥੁ ਪਾਵੈ ਪਾਰਿ॥੧॥ਰਹਾਉ॥		Sathigur Bohithh Paavai Paar ||1|| Rehaao ||	The True Guru is the boat to carry us across. ||1||Pause||	(ਉੱਤਰ-) ਗੁਰੂ ਜਹਾਜ਼ ਹੈ (ਗੁਰੂ ਇਸ ਸਮੁੰਦਰ ਵਿਚੋਂ) ਪਾਰ ਲੰਘਾਂਦਾ ਹੈ ॥੧॥ ਰਹਾਉ ॥
34206	801	ਪਵਨ ਝੁਲਾਰੇ ਮਾਇਆ ਦੇਇ॥		Pavan Jhulaarae Maaeiaa Dhaee ||	The wind of Maya blows and shakes us,	(ਹੇ ਭਾਈ!) ਹਵਾ (ਵਾਂਗ) ਮਾਇਆ (ਜੀਵਾਂ ਨੂੰ) ਹੁਲਾਰੇ ਦੇਂਦੀ ਰਹਿੰਦੀ ਹੈ,
34207	801	ਹਰਿ ਕੇ ਭਗਤ ਸਦਾ ਥਿਰੁ ਸੇਇ॥		Har Kae Bhagath Sadhaa Thhir Saee ||	But the Lord's devotees remain ever-stable.	(ਇਹਨਾਂ ਹੁਲਾਰਿਆਂ ਦੇ ਸਾਹਮਣੇ ਸਿਰਫ਼) ਉਹੀ ਬੰਦੇ ਅਡੋਲ ਰਹਿੰਦੇ ਹਨ ਜੇਹੜੇ ਸਦਾ ਪ੍ਰਭੂ ਦੀ ਭਗਤੀ ਕਰਦੇ ਹਨ।
34208	801	ਹਰਖ ਸੋਗ ਤੇ ਰਹਹਿ ਨਿਰਾਰਾ॥		Harakh Sog Thae Rehehi Niraaraa ||	They remain unaffected by pleasure and pain.	ਉਹ ਮਨੁੱਖ ਖ਼ੁਸ਼ੀ ਗ਼ਮੀ (ਦੇ ਹੁਲਾਰਿਆਂ) ਤੋਂ ਵੱਖਰੇ (ਨਿਰਲੇਪ) ਰਹਿੰਦੇ ਹਨ,

34209	801	ਸਿਰ ਊਪਰਿ ਆਪਿ ਗੁਰੂ ਰਖਵਾਰਾ॥੨॥		Sir Oopar Aap Guroo Rakhavaaraa ||2||	The Guru Himself is the Savior above their heads. ||2||	ਜਿਨ੍ਹਾਂ ਮਨੁੱਖਾਂ ਦੇ ਸਿਰ ਉਤੇ ਗੁਰੂ ਆਪ ਰਾਖੀ ਕਰਨ ਵਾਲਾ ਹੈ ॥੨॥
34210	801	ਪਾਇਆ ਵੇੜੁ ਮਾਇਆ ਸਰਬ ਭੁਇਅੰਗਾ॥	ਭੁਇ-ਅੰਗਾ	Paaeiaa Vaerr Maaeiaa Sarab Bhueiangaa ||	Maya, the snake, holds all in her coils.	(ਹੇ ਭਾਈ!) ਸੱਪ (ਵਾਂਗ) ਮਾਇਆ ਨੇ ਸਾਰੇ ਜੀਵਾਂ ਦੇ ਦੁਆਲੇ ਵਲੇਵਾਂ ਪਾਇਆ ਹੋਇਆ ਹੈ।
34211	801	ਹਉਮੈ ਪਚੇ ਦੀਪਕ ਦੇਖਿ ਪਤੰਗਾ॥		Houmai Pachae Dheepak Dhaekh Pathangaa ||	They burn to death in egotism, like the moth lured by seeing the flame.	ਜੀਵ ਹਉਮੈ (ਦੀ ਅੱਗ) ਵਿਚ ਸੜੇ ਪਏ ਹਨ ਜਿਵੇਂ ਦੀਵਿਆਂ ਨੂੰ ਵੇਖ ਕੇ ਪਤੰਗੇ ਸੜਦੇ ਹਨ।
34212	801	ਸਗਲ ਸੀਗਾਰ ਕਰੇ ਨਹੀ ਪਾਵੈ॥		Sagal Seegaar Karae Nehee Paavai ||	They make all sorts of decorations, but they do not find the Lord.	(ਮਾਇਆ-ਵੇੜ੍ਹਿਆ ਜੀਵ ਭਾਵੇਂ ਬਾਹਰਲੇ ਭੇਖ ਆਦਿਕ ਦੇ) ਸਾਰੇ ਸਿੰਗਾਰ ਕਰਦਾ ਰਹੇ, (ਫਿਰ ਭੀ ਉਹ) ਪਰਮਾਤਮਾ ਨੂੰ ਮਿਲ ਨਹੀਂ ਸਕਦਾ।
34213	801	ਜਾ ਹੋਇ ਕ੍ਰਿਪਾਲੁ ਤਾ ਗੁਰੂ ਮਿਲਾਵੈ॥੩॥		Jaa Hoe Kirapaal Thaa Guroo Milaavai ||3||	When the Guru becomes Merciful, He leads them to meet the Lord. ||3||	ਜਦੋਂ ਪਰਮਾਤਮਾ ਆਪ (ਜੀਵ ਉੱਤੇ) ਦਇਆਵਾਨ ਹੁੰਦਾ ਹੈ, ਤਾਂ (ਉਸ ਨੂੰ) ਗੁਰੂ ਮਿਲਾਂਦਾ ਹੈ ॥੩॥
34214	801	ਹਉ ਫਿਰਉ ਉਦਾਸੀ ਮੈ ਇਕੁ ਰਤਨੁ ਦਸਾਇਆ॥		Ho Firo Oudhaasee Mai Eik Rathan Dhasaaeiaa ||	I wander around, sad and depressed, seeking the jewel of the One Lord.	(ਹੇ ਭਾਈ!) ਮੈਂ (ਭੀ) ਨਾਮ-ਰਤਨ ਨੂੰ ਭਾਲਦੀ ਭਾਲਦੀ (ਬਾਹਰ) ਉਦਾਸ ਫਿਰ ਰਹੀ ਸਾਂ,

34215	801	ਨਿਰਮੋਲਕੁ ਹੀਰਾ ਮਿਲੈ ਨ ਉਪਾਇਆ॥	ਉਪਾਇਆਯਤਨ ਕਰਕੇ	Niramolak Heeraa Milai N Oupaaeiaa ||	This priceless jewel is not obtained by any efforts.	ਪਰ ਉਹ ਨਾਮ-ਹੀਰਾ ਅਮੋਲਕ ਹੈ ਉਹ (ਬਾਹਰਲੇ ਭੇਖ ਆਦਿਕ) ਉਪਾਵਾਂ ਨਾਲ ਨਹੀਂ ਮਿਲਦਾ।
34216	801	ਹਰਿ ਕਾ ਮੰਦਰੁ ਤਿਸੁ ਮਹਿ ਲਾਲੁ॥		Har Kaa Mandhar This Mehi Laal ||	That jewel is within the body, the Temple of the Lord.	(ਇਹ ਸਰੀਰ ਹੀ) ਪਰਮਾਤਮਾ ਦੇ ਰਹਿਣ ਦਾ ਘਰ ਹੈ, ਇਸ (ਸਰੀਰ) ਵਿਚ ਉਹ ਲਾਲ ਵੱਸ ਰਿਹਾ ਹੈ।
34217	801	ਗੁਰਿ ਖੋਲਿਆ ਪੜਦਾ ਦੇਖਿ ਭਈ ਨਿਹਾਲੁ॥੪॥	ਪੜਦਾ:ਪੋਲਾ ਬੋਲੋ	Gur Kholiaa Parradhaa Dhaekh Bhee Nihaal ||4||	The Guru has torn away the veil of illusion, and beholding the jewel, I am delighted. ||4||	ਜਦੋਂ ਗੁਰੂ ਨੇ (ਮੇਰੇ ਅੰਦਰੋਂ ਭਰਮ-ਭੁਲੇਖੇ ਦਾ) ਪਰਦਾ ਖੋਲ੍ਹ ਦਿੱਤਾ, ਮੈਂ (ਉਸ ਲਾਲ ਨੂੰ ਆਪਣੇ ਅੰਦਰ ਹੀ) ਵੇਖ ਕੇ ਲੂੰ ਲੂੰ ਖਿੜ ਗਈ ॥੪॥
34218	801	ਜਿਨਿ ਚਾਖਿਆ ਤਿਸੁ ਆਇਆ ਸਾਦੁ॥		Jin Chaakhiaa This Aaeiaa Saadh ||	One who has tasted it, comes to know its flavor;	(ਹੇ ਭਾਈ!) ਜਿਸ ਮਨੁੱਖ ਨੇ (ਨਾਮ-ਰਸ) ਚੱਖਿਆ ਹੈ, ਉਸ ਨੂੰ (ਹੀ) ਸੁਆਦ ਆਇਆ ਹੈ।
34219	801	ਜਿਉ ਗੂੰਗਾ ਮਨ ਮਹਿ ਬਿਸਮਾਦੁ॥		Jio Goongaa Man Mehi Bisamaadh ||	He is like the mute, whose mind is filled with wonder.	(ਪਰ ਉਹ ਇਹ ਸੁਆਦ ਦੱਸ ਨਹੀਂ ਸਕਦਾ) ਜਿਵੇਂ ਗੁੰਗਾ (ਕੋਈ ਸੁਆਦਲਾ ਪਦਾਰਥ ਖਾ ਕੇ ਹੋਰਨਾਂ ਨੂੰ ਦੱਸ ਨਹੀਂ ਸਕਦਾ ਉਂਞ ਆਪਣੇ) ਮਨ ਵਿਚ ਬਹੁਤ ਗਦ-ਗਦ ਹੋ ਜਾਂਦਾ ਹੈ।
34220	801	ਆਨਦ ਰੂਪੁ ਸਭੁ ਨਦਰੀ ਆਇਆ॥		Aanadh Roop Sabh Nadharee Aaeiaa ||	I see the Lord, the source of bliss, everywhere.	ਉਸ ਮਨੁੱਖ ਨੂੰ ਉਹ ਆਨੰਦ ਦਾ ਸੋਮਾ ਪ੍ਰਭੂ ਹਰ ਥਾਂ ਵੱਸਦਾ ਦਿੱਸਦਾ ਹੈ,

34221	801	ਜਨ ਨਾਨਕ ਹਰਿ ਗੁਣ ਆਖਿ ਸਮਾਇਆ॥੫॥੧॥		Jan Naanak Har Gun Aakh Samaaeiaa ||5||1||	Servant Nanak speaks the Glorious Praises of the Lord, and merges in Him. ||5||1||	ਹੇ ਦਾਸ ਨਾਨਕ! ਜੇਹੜਾ ਮਨੁੱਖ ਪ੍ਰਭੂ ਦੇ ਗੁਣ ਗਾ ਗਾ ਕੇ (ਪ੍ਰਭੂ ਵਿਚ) ਲੀਨ ਰਹਿੰਦਾ ਹੈ ॥੫॥੧॥
34222	801	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34223	801	ਸਰਬ ਕਲਿਆਣ ਕੀਏ ਗੁਰਦੇਵ॥		Sarab Kaliaan Keeeae Guradhaev ||	The Divine Guru has blessed me with total happiness.	(ਹੇ ਭਾਈ!) ਗੁਰੂ ਉਸ ਨੂੰ ਸਾਰੇ ਸੁਖ ਦੇ ਦੇਂਦਾ ਹੈ,
34224	801	ਸੇਵਕੁ ਅਪਨੀ ਲਾਇਓ ਸੇਵ॥		Saevak Apanee Laaeiou Saev ||	He has linked His servant to His service.	ਜਿਸ ਸੇਵਕ ਨੂੰ ਪ੍ਰਭੂ ਆਪਣੀ ਸੇਵਾ-ਭਗਤੀ ਵਿਚ ਲਾਂਦਾ ਹੈ।
34225	801	ਬਿਘਨੁ ਨ ਲਾਗੈ ਜਪਿ ਅਲਖ ਅਭੇਵ॥੧॥		Bighan N Laagai Jap Alakh Abhaev ||1||	No obstacles block my path, meditating on the incomprehensible, inscrutable Lord. ||1||	ਅਲੱਖ ਅਤੇ ਅਭੇਵ ਪਰਮਾਤਮਾ ਦਾ ਨਾਮ ਜਪ ਕੇ (ਉਸ ਮਨੁੱਖ ਦੀ ਜ਼ਿੰਦਗੀ ਦੇ ਰਸਤੇ ਵਿਚ ਵਿਕਾਰਾਂ ਦੀ ਕੋਈ) ਰੁਕਾਵਟ ਨਹੀਂ ਪੈਂਦੀ ॥੧॥
34226	801	ਧਰਤਿ ਪੁਨੀਤ ਭਈ ਗੁਨ ਗਾਏ॥		Dhharath Puneeth Bhee Gun Gaeae ||	The soil has been sanctified, singing the Glories of His Praises.	(ਹੇ ਭਾਈ! ਜੇਹੜਾ ਭੀ ਮਨੁੱਖ) ਪਰਮਾਤਮਾ ਦੇ ਗੁਣ ਗਾਂਦਾ ਹੈ, ਉਸ ਦਾ ਹਿਰਦਾ ਪਵਿੱਤਰ ਹੋ ਜਾਂਦਾ ਹੈ।

34227	801	ਦੁਰਤੁ ਗਇਆ ਹਰਿ ਨਾਮੁ ਧਿਆਏ॥੧॥ਰਹਾਉ ॥		Dhurath Gaeiaa Har Naam Dhhiaaeae ||1|| Rehaao ||	The sins are eradicated, meditating on the Name of the Lord. ||1||Pause||	ਜੇਹੜਾ ਭੀ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ (ਉਸ ਦੇ ਹਿਰਦੇ ਵਿਚੋਂ) ਪਾਪ ਦੂਰ ਹੋ ਜਾਂਦਾ ਹੈ ॥੧॥ ਰਹਾਉ ॥
34228	801	ਸਭਨੀ ਥਾਂਈ ਰਵਿਆ ਆਪਿ॥		Sabhanee Thhaanee Raviaa Aap ||	He Himself is pervading everywhere;	(ਜਿਸ ਮਨੁੱਖ ਨੂੰ ਪ੍ਰਭੂ ਆਪਣੀ ਸੇਵਾ-ਭਗਤੀ ਵਿਚ ਜੋੜਦਾ ਹੈ, ਉਸ ਨੂੰ) ਉਹ ਪ੍ਰਭੂ ਹੀ ਹਰ ਥਾਂ ਮੌਜੂਦ ਦਿੱਸਦਾ ਹੈ,
34229	801	ਆਦਿ ਜੁਗਾਦਿ ਜਾ ਕਾ ਵਡ ਪਰਤਾਪੁ॥		Aadh Jugaadh Jaa Kaa Vadd Parathaap ||	From the very beginning, and throughout the ages, His Glory has been radiantly manifest.	ਜਿਸ ਦਾ ਤੇਜ-ਪਰਤਾਪ ਸ਼ੁਰੂ ਤੋਂ ਜੁਗਾਂ ਦੇ ਸ਼ੁਰੂ ਤੋਂ ਹੀ ਬੜਾ ਚਲਿਆ ਆ ਰਿਹਾ ਹੈ।
34230	801	ਗੁਰ ਪਰਸਾਦਿ ਨ ਹੋਇ ਸੰਤਾਪੁ॥੨॥		Gur Parasaadh N Hoe Santhaap ||2||	By Guru's Grace, sorrow does not touch me. ||2||	ਗੁਰੂ ਦੀ ਕਿਰਪਾ ਨਾਲ ਉਸ ਮਨੁੱਖ ਨੂੰ ਕੋਈ ਦੁੱਖ-ਕਲੇਸ਼ ਪੋਹ ਨਹੀਂ ਸਕਦਾ ॥੨॥
34231	801	ਗੁਰ ਕੇ ਚਰਨ ਲਗੇ ਮਨਿ ਮੀਠੇ॥		Gur Kae Charan Lagae Man Meethae ||	The Guru's Feet seem so sweet to my mind.	ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਦੇ (ਸੋਹਣੇ) ਚਰਨ (ਆਪਣੇ) ਮਨ ਵਿਚ ਪਿਆਰੇ ਲੱਗਦੇ ਹਨ।
34232	801	ਨਿਰਬਿਘਨ ਹੋਇ ਸਭ ਥਾਂਈ ਵੂਠੇ॥		Nirabighan Hoe Sabh Thhaanee Voothae ||	He is unobstructed, dwelling everywhere.	ਉਹ ਜਿੱਥੇ ਭੀ ਵੱਸਦਾ ਹੈ ਹਰ ਥਾਂ (ਵਿਕਾਰਾਂ ਦੀ) ਰੁਕਾਵਟ ਤੋਂ ਬਚਿਆ ਰਹਿੰਦਾ ਹੈ।
34233	801	ਸਭਿ ਸੁਖ ਪਾਏ ਸਤਿਗੁਰ ਤੂਠੇ॥੩॥		Sabh Sukh Paaeae Sathigur Thoothae ||3||	I found total peace, when the Guru was pleased. ||3||	ਉਸ ਮਨੁੱਖ ਉਤੇ ਗੁਰੂ ਦਇਆਵਾਨ ਹੁੰਦਾ ਹੈ, ਤੇ, ਉਹ ਸਾਰੇ ਸੁਖ ਪ੍ਰਾਪਤ ਕਰ ਲੈਂਦਾ ਹੈ ॥੩॥

34234	801	ਪਾਰਬ੍ਰਹਮ ਪ੍ਰਭ ਭਏ ਰਖਵਾਲੇ॥		Paarabreham Prabh Bheae Rakhavaalae ||	The Supreme Lord God has become my Savior.	ਪ੍ਰਭੂ-ਪਾਰਬ੍ਰਹਮ ਜੀ ਸਦਾ ਆਪਣੇ ਸੇਵਕਾਂ ਦੇ ਰਾਖੇ ਬਣਦੇ ਹਨ।
34235	801	ਜਿਥੈ ਕਿਥੈ ਦੀਸਹਿ ਨਾਲੇ॥		Jithhai Kithhai Dheesehi Naalae ||	Wherever I look, I see Him there with me.	ਸੇਵਕਾਂ ਨੂੰ ਪ੍ਰਭੂ ਜੀ ਹਰ ਥਾਂ ਆਪਣੇ ਅੰਗ-ਸੰਗ ਦਿੱਸਦੇ ਹਨ।
34236	801	ਨਾਨਕ ਦਾਸ ਖਸਮਿ ਪ੍ਰਤਿਪਾਲੇ॥੪॥੨॥		Naanak Dhaas Khasam Prathipaalae ||4||2||	O Nanak, the Lord and Master protects and cherishes His slaves. ||4||2||	ਹੇ ਨਾਨਕ! ਖਸਮ-ਪ੍ਰਭੂ ਨੇ ਸਦਾ ਹੀ ਆਪਣੇ ਦਾਸਾਂ ਦੀ ਰੱਖਿਆ ਕੀਤੀ ਹੈ ॥੪॥੨॥
34237	801	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34238	801	ਸੁਖ ਨਿਧਾਨ ਪ੍ਰੀਤਮ ਪ੍ਰਭ ਮੇਰੇ॥		Sukh Nidhhaan Preetham Prabh Maerae ||	You are the treasure of peace, O my Beloved God.	ਹੇ ਸੁਖਾਂ ਦੇ ਖ਼ਜ਼ਾਨੇ ਪ੍ਰਭੂ! ਹੇ ਮੇਰੇ ਪ੍ਰੀਤਮ ਪ੍ਰਭੂ!
34239	802	ਅਗਨਤ ਗੁਣ ਠਾਕੁਰ ਪ੍ਰਭ ਤੇਰੇ॥	ਅ-ਗਨਤ	Aganath Gun Thaakur Prabh Thaerae ||	Your Glories are uncounted, O God, my Lord and Master.	ਹੇ ਠਾਕੁਰ ਪ੍ਰਭੂ! ਤੇਰੇ ਗੁਣ ਗਿਣੇ ਨਹੀਂ ਜਾ ਸਕਦੇ।
34240	802	ਮੋਹਿ ਅਨਾਥ ਤੁਮਰੀ ਸਰਣਾਈ॥		Mohi Anaathh Thumaree Saranaaee ||	I am an orphan, entering Your Sanctuary.	ਮੈਂ ਅਨਾਥ ਤੇਰੀ ਸਰਨ ਆਇਆ ਹਾਂ।
34241	802	ਕਰਿ ਕਿਰਪਾ ਹਰਿ ਚਰਨ ਧਿਆਈ॥੧॥		Kar Kirapaa Har Charan Dhhiaaee ||1||	Have Mercy on me, O Lord, that I may meditate on Your Feet. ||1||	ਹੇ ਹਰੀ! ਮੇਰੇ ਉਤੇ ਮੇਹਰ ਕਰ, ਮੈਂ ਤੇਰੇ ਚਰਨਾਂ ਦਾ ਧਿਆਨ ਧਰਦਾ ਰਹਾਂ ॥੧॥

34242	802	ਦਇਆ ਕਰਹੁ ਬਸਹੁ ਮਨਿ ਆਇ॥		Dhaeiaa Karahu Basahu Man Aae ||	Take pity upon me, and abide within my mind;	ਹੇ ਪ੍ਰਭੂ! (ਮੇਰੇ ਉਤੇ) ਮੇਹਰ ਕਰ, ਮੇਰੇ ਮਨ ਵਿਚ ਆ ਵੱਸ।
34243	802	ਮੋਹਿ ਨਿਰਗੁਨ ਲੀਜੈ ਲੜਿ ਲਾਇ॥ਰਹਾਉ॥		Mohi Niragun Leejai Larr Laae || Rehaao ||	I am worthless - please let me grasp hold of the hem of Your robe. ||1||Pause||	ਮੈਨੂੰ ਗੁਣ-ਹੀਨ ਨੂੰ ਆਪਣੇ ਲੜ ਲਾ ਲੈ ਰਹਾਉ॥
34244	802	ਪ੍ਰਭੁ ਚਿਤਿ ਆਵੈ ਤਾ ਕੈਸੀ ਭੀੜ॥		Prabh Chith Aavai Thaa Kaisee Bheerr ||	When God comes into my consciousness, what misfortune can strike me?	ਹੇ ਭਾਈ! ਜਦੋਂ ਪ੍ਰਭੂ ਮਨ ਵਿਚ ਆ ਵੱਸੇ, ਤਾਂ ਕੋਈ ਭੀ ਬਿਪਤਾ ਪੋਹ ਨਹੀਂ ਸਕਦੀ।
34245	802	ਹਰਿ ਸੇਵਕ ਨਾਹੀ ਜਮ ਪੀੜ॥		Har Saevak Naahee Jam Peerr ||	The Lord's servant does not suffer pain from the Messenger of Death.	ਪ੍ਰਭੂ ਦੀ ਸੇਵਾ-ਭਗਤੀ ਕਰਨ ਵਾਲੇ ਮਨੁੱਖ ਨੂੰ ਜਮਾਂ ਦਾ ਦੁੱਖ ਭੀ ਡਰਾ ਨਹੀਂ ਸਕਦਾ।
34246	802	ਸਰਬ ਦੂਖ ਹਰਿ ਸਿਮਰਤ ਨਸੇ॥	ਨੱਸੇ	Sarab Dhookh Har Simarath Nasae ||	All pains are dispelled, when one remembers the Lord in meditation;	ਨਾਮ ਸਿਮਰਿਆਂ ਉਸ ਮਨੁੱਖ ਦੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ,
34247	802	ਜਾ ਕੈ ਸੰਗਿ ਸਦਾ ਪ੍ਰਭੁ ਬਸੈ॥੨॥		Jaa Kai Sang Sadhaa Prabh Basai ||2||	God abides with him forever. ||2||	ਜਿਸ ਦੇ ਅੰਗ-ਸੰਗ ਸਦਾ ਪਰਮਾਤਮਾ ਵੱਸਦਾ ਹੈ ॥੨॥

34248	802	ਪ੍ਰਭ ਕਾ ਨਾਮੁ ਮਨਿ ਤਨਿ ਆਧਾਰੁ॥		Prabh Kaa Naam Man Than Aadhhaar ||	The Name of God is the Support of my mind and body.	ਹੇ ਭਾਈ! ਪਰਮਾਤਮਾ ਦਾ ਨਾਮ (ਹੀ ਮਨੁੱਖ ਦੇ) ਮਨ ਵਿਚ ਸਰੀਰ ਵਿਚ ਆਸਰਾ (ਦੇਣ ਵਾਲਾ) ਹੈ।
34249	802	ਬਿਸਰਤ ਨਾਮੁ ਹੋਵਤ ਤਨੁ ਛਾਰੁ॥		Bisarath Naam Hovath Than Shhaar ||	Forgetting the Naam, the Name of the Lord, the body is reduced to ashes.	ਪਰਮਾਤਮਾ ਦਾ ਨਾਮ ਭੁੱਲਿਆਂ ਸਰੀਰ (ਮਾਨੋ) ਸੁਆਹ (ਦੀ ਢੇਰੀ) ਹੋ ਜਾਂਦਾ ਹੈ।
34250	802	ਪ੍ਰਭ ਚਿਤਿ ਆਏ ਪੂਰਨ ਸਭ ਕਾਜ॥		Prabh Chith Aaeae Pooran Sabh Kaaj ||	When God comes into my consciousness, all my affairs are resolved.	ਜਿਸ ਮਨੁੱਖ ਦੇ ਮਨ ਵਿਚ ਪ੍ਰਭੂ ਦਾ ਨਾਮ ਆ ਵਸਦਾ ਹੈ, ਉਸ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ।
34251	802	ਹਰਿ ਬਿਸਰਤ ਸਭ ਕਾ ਮੁਹਤਾਜ॥੩॥		Har Bisarath Sabh Kaa Muhathaaj ||3||	Forgetting the Lord, one becomes subservient to all. ||3||	ਪਰਮਾਤਮਾ ਦਾ ਨਾਮ ਭੁੱਲਿਆਂ ਮਨੁੱਖ ਧਿਰ ਧਿਰ ਦਾ ਅਰਥੀਆ ਹੋ ਜਾਂਦਾ ਹੈ ॥੩॥
34252	802	ਚਰਨਕਮਲ ਸੰਗਿ ਲਾਗੀ ਪ੍ਰੀਤਿ॥		Charan Kamal Sang Laagee Preeth ||	I am in love with the Lotus Feet of the Lord.	ਹੇ ਭਾਈ! ਪਰਮਾਤਮਾ ਦੇ ਸੋਹਣੇ ਚਰਨਾਂ ਨਾਲ ਜਿਸ ਮਨੁੱਖ ਦਾ ਪਿਆਰ ਬਣ ਜਾਂਦਾ ਹੈ,
34253	802	ਬਿਸਰਿ ਗਈ ਸਭ ਦੁਰਮਤਿ ਰੀਤਿ॥		Bisar Gee Sabh Dhuramath Reeth ||	I am rid of all evil-minded ways.	ਉਸ ਨੂੰ ਖੋਟੀ ਮਤਿ ਵਾਲਾ ਸਾਰਾ (ਜੀਵਨ) ਰਵਈਆ ਭੁੱਲ ਜਾਂਦਾ ਹੈ।

34254	802	ਮਨ ਤਨ ਅੰਤਰਿ ਹਰਿ ਹਰਿ ਮੰਤ॥		Man Than Anthar Har Har Manth ||	The Mantra of the Lord's Name, Har, Har, is deep within my mind and body.	ਉਹਨਾਂ ਦੇ ਮਨ ਵਿਚ ਉਹਨਾਂ ਦੇ ਸਰੀਰ ਵਿਚ ਪਰਮਾਤਮਾ ਦਾ ਨਾਮ-ਮੰਤਰ ਵੱਸਦਾ ਰਹਿੰਦਾ ਹੈ (ਜੋ ਖੋਟੀ ਮਤਿ ਨੂੰ ਨੇੜੇ ਨਹੀਂ ਢੁੱਕਣ ਦੇਂਦਾ)
34255	802	ਨਾਨਕ ਭਗਤਨ ਕੈ ਘਰਿ ਸਦਾ ਅਨੰਦ॥੪॥੩॥		Naanak Bhagathan Kai Ghar Sadhaa Anandh ||4||3||	O Nanak, eternal bliss fills the home of the Lord's devotees. ||4||3||	ਹੇ ਨਾਨਕ! ਪ੍ਰਭੂ ਦੇ ਭਗਤਾਂ ਦੇ ਹਿਰਦੇ ਵਿਚ ਸਦਾ ਆਨੰਦ ਬਣਿਆ ਰਹਿੰਦਾ ਹੈ ॥੪॥੩॥
34256	802	ਰਾਗੁ ਬਿਲਾਵਲੁ ਮਹਲਾ ੫ ਘਰੁ ੨ ਯਾਨੜੀਏ ਕੈ ਘਰਿ ਗਾਵਣਾ	ਯਾਨੜੀ-ਏ	Raag Bilaaval Mehalaa 5 Ghar 2 Yaanarreeeae Kai Ghar Gaavanaa	Raag Bilaaval, Fifth Mehl, Second House, To Be Sung To The Tune Of Yaan-Ree-Ay:	ਰਾਗ ਬਿਲਾਵਲੁ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ; ਇਸ ਸ਼ਬਦ ਨੂੰ 'ਯਾਨੜੀਏ' ਦੀ ਸੁਰ ਵਿੱਚ ਗਾਇਆ ਜਾਵੇ (ਜਿਸ ਦੀ ਪਹਿਲੀ ਤੁਕ ਹੈ 'ਇਆਨੜੀਏ ਮਾਨੜਾ ਕਾਇ ਕਰੇਹਿ')।
34257	802	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
34258	802	ਮੈ ਮਨਿ ਤੇਰੀ ਟੇਕ ਮੇਰੇ ਪਿਆਰੇ ਮੈ ਮਨਿ ਤੇਰੀ ਟੇਕ॥		Mai Man Thaeree Ttaek Maerae Piaarae Mai Man Thaeree Ttaek ||	You are the Support of my mind, O my Beloved, You are the Support of my mind.	ਹੇ ਪਿਆਰੇ ਪ੍ਰਭੂ! ਮੇਰੇ ਮਨ ਵਿਚ (ਇਕ) ਤੇਰਾ ਹੀ ਆਸਰਾ ਹੈ, ਤੇਰਾ ਹੀ ਆਸਰਾ ਹੈ।

34259	802	ਅਵਰ ਸਿਆਣਪਾ ਬਿਰਥੀਆ ਪਿਆਰੇ ਰਾਖਨ ਕਉ ਤੁਮ ਏਕ॥੧॥ਰਹਾਉ॥		Avar Siaanapaa Birathheeaa Piaarae Raakhan Ko Thum Eaek ||1|| Rehaao ||	All other clever tricks are useless, O Beloved; You alone are my Protector. ||1||Pause||	ਹੇ ਪਿਆਰੇ ਪ੍ਰਭੂ! ਸਿਰਫ਼ ਤੂੰ ਹੀ (ਅਸਾਂ ਜੀਵਾਂ ਦੀ) ਰੱਖਿਆ ਕਰਨ ਜੋਗਾ ਹੈਂ। (ਤੈਨੂੰ ਭੁਲਾ ਕੇ ਰੱਖਿਆ ਵਾਸਤੇ) ਹੋਰ ਹੋਰ ਚਤੁਰਾਈਆਂ (ਸੋਚਣੀਆਂ) ਕਿਸੇ ਵੀ ਕੰਮ ਨਹੀਂ ॥੧॥ ਰਹਾਉ ॥
34260	802	ਸਤਿਗੁਰੁ ਪੂਰਾ ਜੇ ਮਿਲੈ ਪਿਆਰੇ ਸੋ ਜਨੁ ਹੋਤ ਨਿਹਾਲਾ॥		Sathigur Pooraa Jae Milai Piaarae So Jan Hoth Nihaalaa ||	One who meets with the Perfect True Guru, O Beloved, that humble person is enraptured.	ਹੇ ਭਾਈ! ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪਏ, ਉਹ ਸਦਾ ਖਿੜਿਆ ਰਹਿੰਦਾ ਹੈ।
34261	802	ਗੁਰ ਕੀ ਸੇਵਾ ਸੋ ਕਰੇ ਪਿਆਰੇ ਜਿਸ ਨੋ ਹੋਇ ਦਇਆਲਾ॥		Gur Kee Saevaa So Karae Piaarae Jis No Hoe Dhaeiaalaa ||	He alone serves the Guru, O Beloved, unto whom the Lord becomes merciful.	ਪਰ, ਹੇ ਭਾਈ! ਉਹੀ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਜਿਸ ਉਤੇ (ਪ੍ਰਭੂ ਆਪ) ਦਇਆਵਾਨ ਹੁੰਦਾ ਹੈ।
34262	802	ਸਫਲ ਮੂਰਤਿ ਗੁਰਦੇਉ ਸੁਆਮੀ ਸਰਬ ਕਲਾ ਭਰਪੂਰੇ॥		Safal Moorath Guradhaeo Suaamee Sarab Kalaa Bharapoorae ||	Fruitful is the form of the Divine Guru, O Lord and Master; He is overflowing with all powers.	ਹੇ ਭਾਈ! ਗੁਰੂ ਸੁਆਮੀ ਮਨੁੱਖਾ ਜਨਮ ਦਾ ਮਨੋਰਥ ਪੂਰਾ ਕਰਨ ਦੇ ਸਮਰੱਥ ਹੈ (ਕਿਉਂਕਿ) ਉਹ ਸਾਰੀਆਂ ਤਾਕਤਾਂ ਦਾ ਮਾਲਕ ਹੈ।

34263	802	ਨਾਨਕ ਗੁਰੁ ਪਾਰਬ੍ਰਹਮੁ ਪਰਮੇਸਰੁ ਸਦਾ ਸਦਾ ਹਜੂਰੇ॥੧॥		Naanak Gur Paarabreham Paramaesar Sadhaa Sadhaa Hajoorae ||1||	O Nanak, the Guru is the Supreme Lord God, the Transcendent Lord; He is ever-present, forever and ever. ||1||	ਹੇ ਨਾਨਕ! ਗੁਰੂ ਪਰਮਾਤਮਾ ਦਾ ਰੂਪ ਹੈ। (ਆਪਣੇ ਸੇਵਕਾਂ ਦੇ) ਸਦਾ ਹੀ ਅੰਗ-ਸੰਗ ਰਹਿੰਦਾ ਹੈ ॥੧॥
34264	802	ਸੁਣਿ ਸੁਣਿ ਜੀਵਾ ਸੋਇ ਤਿਨਾ ਕੀ ਜਿਨ੍ ਅਪੁਨਾ ਪ੍ਰਭੁ ਜਾਤਾ॥		Sun Sun Jeevaa Soe Thinaa Kee Jinh Apunaa Prabh Jaathaa ||	I live by hearing, hearing of those who know their God.	ਹੇ ਭਾਈ! ਜੇਹੜੇ ਮਨੁੱਖ ਆਪਣੇ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਰੱਖਦੇ ਹਨ, ਉਹਨਾਂ ਦੀ ਸੋਭਾ ਸੁਣ ਸੁਣ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ।
34265	802	ਹਰਿ ਨਾਮੁ ਅਰਾਧਹਿ ਨਾਮੁ ਵਖਾਣਹਿ ਹਰਿ ਨਾਮੇ ਹੀ ਮਨੁ ਰਾਤਾ॥		Har Naam Araadhhehi Naam Vakhaanehi Har Naamae Hee Man Raathaa ||	They contemplate the Lord's Name, they chant the Lord's Name, and their minds are imbued with the Lord's Name.	(ਉਹ ਵਡ-ਭਾਗੀ ਮਨੁੱਖ ਸਦਾ) ਪਰਮਾਤਮਾ ਦਾ ਨਾਮ ਸਿਮਰਦੇ ਹਨ, ਪਰਮਾਤਮਾ ਦਾ ਨਾਮ ਉਚਾਰਦੇ ਹਨ, ਪਰਮਾਤਮਾ ਦੇ ਨਾਮ ਵਿਚ ਹੀ ਉਹਨਾਂ ਦਾ ਮਨ ਰੰਗਿਆ ਰਹਿੰਦਾ ਹੈ।
34266	802	ਸੇਵਕੁ ਜਨ ਕੀ ਸੇਵਾ ਮਾਗੈ ਪੂਰੈ ਕਰਮਿ ਕਮਾਵਾ॥	ਮਾਂਗੈ ਕਮਾਵਾਂ	Saevak Jan Kee Saevaa Maagai Poorai Karam Kamaavaa ||	I am Your servant; I beg to serve Your humble servants. By the karma of perfect destiny, I do this.	ਹੇ ਪ੍ਰਭੂ! (ਤੇਰਾ ਇਹ) ਸੇਵਕ (ਤੇਰੇ ਉਹਨਾਂ) ਸੇਵਕਾਂ ਦੀ ਸੇਵਾ (ਦੀ ਦਾਤ ਤੇਰੇ ਪਾਸੋਂ) ਮੰਗਦਾ ਹੈ, (ਤੇਰੀ) ਪੂਰਨ ਬਖ਼ਸ਼ਸ਼ ਨਾਲ (ਹੀ) ਮੈਂ (ਉਹਨਾਂ ਦੀ) ਸੇਵਾ ਦੀ ਕਾਰ ਕਰ ਸਕਦਾ ਹਾਂ।

34267	802	ਨਾਨਕ ਕੀ ਬੇਨੰਤੀ ਸੁਆਮੀ ਤੇਰੇ ਜਨ ਦੇਖਣੁ ਪਾਵਾ॥੨॥		Naanak Kee Baenanthee Suaamee Thaerae Jan Dhaekhan Paavaa ||2||	This is Nanak's prayer: O my Lord and Master, may I obtain the Blessed Vision of Your humble servants. ||2||	ਹੇ ਮਾਲਕ-ਪ੍ਰਭੂ! (ਤੇਰੇ ਸੇਵਕ) ਨਾਨਕ ਦੀ (ਤੇਰੇ ਦਰ ਤੇ) ਅਰਦਾਸ ਹੈ, (-ਮੇਹਰ ਕਰ) ਮੈਂ ਤੇਰੇ ਸੇਵਕਾਂ ਦਾ ਦਰਸਨ ਕਰ ਸਕਾਂ ॥੨॥
34268	802	ਵਡਭਾਗੀ ਸੇ ਕਾਢੀਅਹਿ ਪਿਆਰੇ ਸੰਤਸੰਗਤਿ ਜਿਨਾ ਵਾਸੋ॥		Vaddabhaagee Sae Kaadteeahi Piaarae Santhasangath Jinaa Vaaso ||	They are said to be very fortunate, O Beloved, who who dwell in the Society of the Saints.	ਹੇ ਭਾਈ! ਜਿਨ੍ਹਾਂ ਮਨੁੱਖਾਂ ਦਾ ਬਹਿਣ-ਖਲੋਣ ਸਦਾ ਗੁਰਮੁਖਾਂ ਦੀ ਸੰਗਤਿ ਵਿਚ ਹੈ, ਉਹ ਮਨੁੱਖ ਵੱਡੇ ਭਾਗਾਂ ਵਾਲੇ ਆਖੇ ਜਾ ਸਕਦੇ ਹਨ।
34269	802	ਅੰਮ੍ਰਿਤ ਨਾਮੁ ਅਰਾਧੀਐ ਨਿਰਮਲੁ ਮਨੈ ਹੋਵੈ ਪਰਗਾਸੋ॥		Anmrith Naam Araadhheeai Niramal Manai Hovai Paragaaso ||	They contemplate the Immaculate, Ambrosial Naam, and their minds are illuminated.	(ਗੁਰਮੁਖਾਂ ਦੀ ਸੰਗਤਿ ਵਿਚ ਹੀ ਰਹਿ ਕੇ) ਆਤਮਕ ਜੀਵਨ ਦੇਣ ਵਾਲਾ ਪਵਿੱਤਰ ਨਾਮ ਸਿਮਰਿਆ ਜਾ ਸਕਦਾ ਹੈ, ਅਤੇ ਮਨ ਵਿਚ (ਉੱਚੇ ਆਤਮਕ ਜੀਵਨ ਦਾ) ਚਾਨਣ (ਗਿਆਨ) ਪੈਦਾ ਹੁੰਦਾ ਹੈ।
34270	802	ਜਨਮ ਮਰਣ ਦੁਖੁ ਕਾਟੀਐ ਪਿਆਰੇ ਚੂਕੈ ਜਮ ਕੀ ਕਾਣੇ॥		Janam Maran Dhukh Kaatteeai Piaarae Chookai Jam Kee Kaanae ||	The pains of birth and death are eradicated, O Beloved, and the fear of the Messenger of Death is ended.	ਹੇ ਭਾਈ! (ਗੁਰਮੁਖਾਂ ਦੀ ਸੰਗਤਿ ਵਿਚ ਹੀ) ਸਾਰੀ ਉਮਰ ਦਾ ਦੁੱਖ ਕੱਟਿਆ ਜਾ ਸਕਦਾ ਹੈ, ਅਤੇ ਜਮਰਾਜ ਦੀ ਧੌਂਸ ਭੀ ਮੁੱਕ ਜਾਂਦੀ ਹੈ।

34271	802	ਤਿਨਾ ਪਰਾਪਤਿ ਦਰਸਨੁ ਨਾਨਕ ਜੋ ਪ੍ਰਭ ਅਪਨੇ ਭਾਣੇ॥੩॥		Thinaa Paraapath Dharasan Naanak Jo Prabh Apanae Bhaanae ||3||	They alone obtain the Blessed Vision of this Darshan, O Nanak, who are pleasing to their God. ||3||	ਪਰ, ਹੇ ਨਾਨਕ! (ਗੁਰਮੁਖਾਂ ਦਾ) ਦਰਸਨ ਉਹਨਾਂ ਮਨੁੱਖਾਂ ਨੂੰ ਹੀ ਨਸੀਬ ਹੁੰਦਾ ਹੈ ਜੋ ਆਪਣੇ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ ॥੩॥
34272	802	ਊਚ ਅਪਾਰ ਬੇਅੰਤ ਸੁਆਮੀ ਕਉਣੁ ਜਾਣੈ ਗੁਣ ਤੇਰੇ॥		Ooch Apaar Baeanth Suaamee Koun Jaanai Gun Thaerae ||	O my lofty, incomparable and infinite Lord and Master, who can know Your Glorious Virtues?	ਹੇ ਸਭ ਤੋਂ ਉੱਚੇ, ਅਪਾਰ ਅਤੇ ਬੇਅੰਤ ਮਾਲਕ-ਪ੍ਰਭੂ! ਕੋਈ ਭੀ ਮਨੁੱਖ ਤੇਰੇ (ਸਾਰੇ) ਗੁਣ ਨਹੀਂ ਜਾਣ ਸਕਦਾ।
34273	802	ਗਾਵਤੇ ਉਧਰਹਿ ਸੁਣਤੇ ਉਧਰਹਿ ਬਿਨਸਹਿ ਪਾਪ ਘਨੇਰੇ॥	ਉਧਰ-ਹਿ। ਬਿਨਸ-ਹਿ	Gaavathae Oudhharehi Sunathae Oudhharehi Binasehi Paap Ghanaerae ||	Those who sing them are saved, and those who listen to them are saved; all their sins are erased.	ਜੇਹੜੇ ਮਨੁੱਖ (ਤੇਰੇ ਗੁਣ) ਗਾਂਦੇ ਹਨ, ਉਹ ਵਿਕਾਰਾਂ ਤੋਂ ਬਚ ਨਿਕਲਦੇ ਹਨ। ਜੇਹੜੇ ਮਨੁੱਖ (ਤੇਰੀਆਂ ਸਿਫ਼ਤਾਂ) ਸੁਣਦੇ ਹਨ, ਉਹਨਾਂ ਦੇ ਅਨੇਕਾਂ ਪਾਪ ਨਾਸ ਹੋ ਜਾਂਦੇ ਹਨ।
34274	802	ਪਸੂ ਪਰੇਤ ਮੁਗਧ ਕਉ ਤਾਰੇ ਪਾਹਨ ਪਾਰਿ ਉਤਾਰੈ॥		Pasoo Paraeth Mugadhh Ko Thaarae Paahan Paar Outhaarai ||	You save the beasts, demons and fools, and even stones are carried across.	ਹੇ ਭਾਈ! ਪਰਮਾਤਮਾ ਪਸ਼ੂ-ਸੁਭਾਵ ਬੰਦਿਆਂ ਨੂੰ, ਅਤੇ ਮਹਾ ਮੂਰਖਾਂ ਨੂੰ (ਸੰਸਾਰ-ਸਮੁੰਦਰ ਤੋਂ) ਤਾਰ ਦੇਂਦਾ ਹੈ, ਬੜੇ ਬੜੇ ਕਠੋਰ-ਚਿੱਤ ਮਨੁੱਖਾਂ ਨੂੰ ਪਾਰ ਲੰਘਾ ਲੈਂਦਾ ਹੈ।

34275	802	ਨਾਨਕ ਦਾਸ ਤੇਰੀ ਸਰਣਾਈ ਸਦਾ ਸਦਾ ਬਲਿਹਾਰੈ॥੪॥੧॥੪॥		Naanak Dhaas Thaeree Saranaaee Sadhaa Sadhaa Balihaarai ||4||1||4||	Slave Nanak seeks Your Sanctuary; he is forever and ever a sacrifice to You. ||4||1||4||	ਹੇ ਨਾਨਕ! (ਆਖ-ਹੇ ਪ੍ਰਭੂ!) ਤੇਰੇ ਦਾਸ ਤੇਰੀ ਸਰਨ ਪਏ ਰਹਿੰਦੇ ਹਨ, ਅਤੇ ਸਦਾ ਹੀ ਤੈਥੋਂ ਸਦਕੇ ਹੁੰਦੇ ਹਨ ॥੪॥੧॥੪॥
34276	802	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34277	802	ਬਿਖੈ ਬਨੁ ਫੀਕਾ ਤਿਆਗਿ ਰੀ ਸਖੀਏ ਨਾਮੁ ਮਹਾ ਰਸੁ ਪੀਓ॥		Bikhai Ban Feekaa Thiaag Ree Sakheeeae Naam Mehaa Ras Peeou ||	Renounce the tasteless water of corruption, O my companion, and drink in the supreme nectar of the Naam, the Name of the Lord.	ਹੇ ਸਹੇਲੀਏ! ਵਿਸ਼ੇ-ਵਿਕਾਰਾਂ ਦਾ ਬੇ-ਸੁਆਦਾ ਪਾਣੀ (ਪੀਣਾ) ਛੱਡ ਦੇ। ਸਦਾ ਨਾਮ-ਅੰਮ੍ਰਿਤ ਪੀਆ ਕਰ, ਇਹ ਬਹੁਤ ਸੁਆਦਲਾ ਹੈ।
34278	802	ਬਿਨੁ ਰਸ ਚਾਖੇ ਬੁਡਿ ਗਈ ਸਗਲੀ ਸੁਖੀ ਨ ਹੋਵਤ ਜੀਓ॥		Bin Ras Chaakhae Budd Gee Sagalee Sukhee N Hovath Jeeou ||	Without the taste of this nectar, all have drowned, and their souls have not found happiness.	(ਨਾਮ-ਅੰਮ੍ਰਿਤ ਦਾ) ਸੁਆਦ ਨਾਹ ਚੱਖਣ ਕਰਕੇ, ਸਾਰੀ ਸ੍ਰਿਸ਼ਟੀ (ਵਿਸ਼ੇ-ਵਿਕਾਰਾਂ ਦੇ ਪਾਣੀ ਵਿਚ) ਡੁੱਬ ਰਹੀ ਹੈ, (ਫਿਰ ਭੀ) ਜਿੰਦ ਸੁਖੀ ਨਹੀਂ ਹੁੰਦੀ।

34279	802	ਮਾਨੁ ਮਹਤੁ ਨ ਸਕਤਿ ਹੀ ਕਾਈ ਸਾਧਾ ਦਾਸੀ ਥੀਓ॥	ਮ-ਹੱਤੁ। ਸਾਧਾਂ	Maan Mehath N Sakath Hee Kaaee Saadhhaa Dhaasee Thheeou ||	You have no honor, glory or power - become the slave of the Holy Saints.	ਕੋਈ (ਹੋਰ) ਆਸਰਾ, ਕੋਈ ਵਡੱਪਣ ਕੋਈ ਤਾਕਤ (ਨਾਮ-ਅੰਮ੍ਰਿਤ ਦੀ ਪ੍ਰਾਪਤੀ ਦਾ ਸਾਧਨ ਨਹੀਂ ਬਣ ਸਕਦੇ)। ਹੇ ਸਹੇਲੀਏ! (ਨਾਮ-ਜਲ ਦੀ ਪ੍ਰਾਪਤੀ ਵਾਸਤੇ) ਗੁਰਮੁਖਾਂ ਦੀ ਦਾਸੀ ਬਣੀ ਰਹੁ।
34280	803	ਨਾਨਕ ਸੇ ਦਰਿ ਸੋਭਾਵੰਤੇ ਜੋ ਪ੍ਰਭਿ ਅਪੁਨੈ ਕੀਓ॥੧॥		Naanak Sae Dhar Sobhaavanthae Jo Prabh Apunai Keeou ||1||	O Nanak, they alone look beautiful in the Court of the Lord, whom the Lord has made His Own. ||1||	ਹੇ ਨਾਨਕ! ਪ੍ਰਭੂ ਦੇ ਦਰ ਤੇ ਉਹ ਬੰਦੇ ਸੋਭਾ ਵਾਲੇ ਹੁੰਦੇ ਹਨ ਜਿਨ੍ਹਾਂ ਨੂੰ ਪਿਆਰੇ ਪ੍ਰਭੂ ਨੇ ਆਪ ਹੀ ਸੋਭਾ ਵਾਲੇ ਬਣਾਇਆ ਹੈ ॥੧॥
34281	803	ਹਰਿਚੰਦਉਰੀ ਚਿਤ ਭ੍ਰਮੁ ਸਖੀਏ ਮ੍ਰਿਗ ਤ੍ਰਿਸਨਾ ਦ੍ਰੁਮ ਛਾਇਆ॥		Harichandhouree Chith Bhram Sakheeeae Mrig Thrisanaa Dhraam Shhaaeiaa ||	Maya is a mirage, which deludes the mind, O my companion, like the scent-crazed deer, or the transitory shade of a tree.	ਹੇ ਸਹੇਲੀਏ! ਇਹ ਮਾਇਆ (ਮਾਨੋ) ਹਵਾਈ ਕਿਲ੍ਹਾ ਹੈ, ਮਨ ਨੂੰ ਭਟਕਣਾ ਵਿਚ ਪਾਣ ਦਾ ਸਾਧਨ ਹੈ, ਠਗ-ਨੀਰਾ ਹੈ, ਰੁੱਖ ਦੀ ਛਾਂ ਹੈ।
34282	803	ਚੰਚਲਿ ਸੰਗਿ ਨ ਚਾਲਤੀ ਸਖੀਏ ਅੰਤਿ ਤਜਿ ਜਾਵਤ ਮਾਇਆ॥		Chanchal Sang N Chaalathee Sakheeeae Anth Thaj Jaavath Maaeiaa ||	Maya is fickle, and does not go with you, O my companion; in the end, it will leave you.	ਕਦੇ ਭੀ ਇੱਕ ਥਾਂ ਨਾਹ ਟਿਕ ਸਕਣ ਵਾਲੀ ਇਹ ਮਾਇਆ ਕਿਸੇ ਦੇ ਨਾਲ ਨਹੀਂ ਜਾਂਦੀ, ਇਹ ਆਖ਼ਰ ਨੂੰ (ਸਾਥ) ਛੱਡ ਜਾਂਦੀ ਹੈ।

34283	803	ਰਸਿ ਭੋਗਣ ਅਤਿ ਰੂਪ ਰਸ ਮਾਤੇ ਇਨ ਸੰਗਿ ਸੂਖੁ ਨ ਪਾਇਆ॥		Ras Bhogan Ath Roop Ras Maathae Ein Sang Sookh N Paaeiaa ||	He may enjoy pleasures and sensual delights with supremely beautiful women, but no one finds peace in this way.	ਸੁਆਦ ਨਾਲ ਦੁਨੀਆ ਦੇ ਪਦਾਰਥ ਭੋਗਣੇ, ਦੁਨੀਆ ਦੇ ਰੂਪਾਂ ਤੇ ਰਸਾਂ ਵਿਚ ਮਸਤ ਰਹਿਣਾ-ਹੇ ਸਖੀਏ! ਇਹਨਾਂ ਦੀ ਸੰਗਤਿ ਵਿਚ ਆਤਮਕ ਆਨੰਦ ਨਹੀਂ ਲੱਭਦਾ।
34284	803	ਧੰਨਿ ਧੰਨਿ ਹਰਿ ਸਾਧ ਜਨ ਸਖੀਏ ਨਾਨਕ ਜਿਨ੍ਹੀ ਨਾਮੁ ਧਿਆਇਆ॥੨॥		Dhhann Dhhann Har Saadhh Jan Sakheeeae Naanak Jinee Naam Dhhiaaeiaa ||2||	Blessed, blessed are the humble, Holy Saints of the Lord, O my companion. O Nanak, they meditate on the Naam, the Name of the Lord. ||2||	ਹੇ ਨਾਨਕ! (ਆਖ-) ਹੇ ਸਹੇਲੀਏ! ਭਾਗਾਂ ਵਾਲੇ ਹਨ ਪਰਮਾਤਮਾ ਦੇ ਭਗਤ ਜਿਨ੍ਹਾਂ ਨੇ ਸਦਾ ਪਰਮਾਤਮਾ ਦਾ ਨਾਮ ਸਿਮਰਿਆ ਹੈ ॥੨॥
34285	803	ਜਾਇ ਬਸਹੁ ਵਡਭਾਗਣੀ ਸਖੀਏ ਸੰਤਾ ਸੰਗਿ ਸਮਾਈਐ॥		Jaae Basahu Vaddabhaaganee Sakheeeae Santhaa Sang Samaaeeai ||	Go, O my very fortunate companion: dwell in the Company of the Saints, and merge with the Lord.	ਹੇ ਭਾਗਾਂ ਵਾਲੀ ਸਹੇਲੀਏ! ਜਾ ਕੇ ਸਾਧ ਸੰਗਤਿ ਵਿਚ ਟਿਕਿਆ ਕਰ। ਗੁਰਮੁਖਾਂ ਦੀ ਸੰਗਤਿ ਵਿਚ ਹੀ ਸਦਾ ਟਿਕਣਾ ਚਾਹੀਦਾ ਹੈ।
34286	803	ਤਹ ਦੂਖ ਨ ਭੂਖ ਨ ਰੋਗੁ ਬਿਆਪੈ ਚਰਨਕਮਲ ਲਿਵ ਲਾਈਐ॥		Theh Dhookh N Bhookh N Rog Biaapai Charan Kamal Liv Laaeeai ||	There, neither pain nor hunger nor disease will afflict you; enshrine love for the Lord's Lotus Feet.	ਉਥੇ ਟਿਕਿਆਂ ਦੁਨੀਆ ਦੇ ਦੁੱਖ, ਮਾਇਆ ਦੀ ਤ੍ਰਿਸ਼ਨਾ, ਕੋਈ ਰੋਗ ਆਦਿਕ-ਇਹ ਕੋਈ ਭੀ ਆਪਣਾ ਜ਼ੋਰ ਨਹੀਂ ਪਾ ਸਕਦਾ। (ਸਾਧ ਸੰਗਤਿ ਵਿਚ ਜਾ ਕੇ) ਪ੍ਰਭੂ ਦੇ ਸੋਹਣੇ ਚਰਨਾਂ ਵਿਚ ਸੁਰਤ ਜੋੜਨੀ ਚਾਹੀਦੀ ਹੈ।

34287	803	ਤਹ ਜਨਮ ਨ ਮਰਣੁ ਨ ਆਵਣ ਜਾਣਾ ਨਿਹਚਲੁ ਸਰਣੀ ਪਾਈਐ॥		Theh Janam N Maran N Aavan Jaanaa Nihachal Saranee Paaeeai ||	There is no birth or death there, no coming or going in reincarnation, when you enter the Sanctuary of the Eternal Lord.	ਸਾਧ ਸੰਗਤਿ ਵਿਚ ਰਿਹਾਂ ਜਨਮ ਮਰਨ ਦਾ ਗੇੜ ਨਹੀਂ ਵਿਆਪਦਾ, ਮਨ ਦੀ ਅਡੋਲਤਾ ਕਾਇਮ ਰਹਿੰਦੀ ਹੈ। ਸੋ, ਪ੍ਰਭੂ ਦੀ ਸਰਨ ਵਿਚ ਹੀ ਪਏ ਰਹਿਣਾ ਚਾਹੀਦਾ ਹੈ।
34288	803	ਪ੍ਰੇਮ ਬਿਛੋਹੁ ਨ ਮੋਹੁ ਬਿਆਪੈ ਨਾਨਕ ਹਰਿ ਏਕੁ ਧਿਆਈਐ॥੩॥		Praem Bishhohu N Mohu Biaapai Naanak Har Eaek Dhhiaaeeai ||3||	Love does not end, and attachment does not grip you, O Nanak, when you meditate on the One Lord. ||3||	ਹੇ ਨਾਨਕ! (ਸਾਧ ਸੰਗਤਿ ਦੀ ਬਰਕਤਿ ਨਾਲ) ਪ੍ਰਭੂ-ਪ੍ਰੇਮ ਦੀ ਅਣਹੋਂਦ, ਮਾਇਆ ਦਾ ਮੋਹ- ਇਹ ਕੋਈ ਭੀ ਆਪਣਾ ਜ਼ੋਰ ਨਹੀਂ ਪਾ ਸਕਦਾ। ਸਤ ਸੰਗਤਿ ਵਿਚ ਸਦਾ ਪਰਮਾਤਮਾ ਦਾ ਨਾਮ ਸਿਮਰ ਸਕੀਦਾ ਹੈ ॥੩॥
34289	803	ਦ੍ਰਿਸਟਿ ਧਾਰਿ ਮਨੁ ਬੇਧਿਆ ਪਿਆਰੇ ਰਤੜੇ ਸਹਜਿ ਸੁਭਾਏ॥		Dhrisatt Dhhaar Man Baedhhiaa Piaarae Ratharrae Sehaj Subhaaeae ||	Bestowing His Glance of Grace, my Beloved has pierced my mind, and I am intuitively attuned to His Love.	ਹੇ ਪਿਆਰੇ (ਪ੍ਰਭੂ)! ਮੇਹਰ ਦੀ ਨਿਗਾਹ ਕਰ ਕੇ ਤੂੰ ਜਿਨ੍ਹਾਂ ਦਾ ਮਨ ਆਪਣੇ ਚਰਨਾਂ ਵਿਚ ਪ੍ਰੋ ਲਿਆ ਹੈ, ਉਹ ਆਤਮਕ ਅਡੋਲਤਾ ਵਿਚ, ਪ੍ਰੇਮ ਵਿਚ, ਸਦਾ ਰੰਗੇ ਰਹਿੰਦੇ ਹਨ।
34290	803	ਸੇਜ ਸੁਹਾਵੀ ਸੰਗਿ ਮਿਲਿ ਪ੍ਰੀਤਮ ਅਨਦ ਮੰਗਲ ਗੁਣ ਗਾਏ॥		Saej Suhaavee Sang Mil Preetham Anadh Mangal Gun Gaaeae ||	My bed is embellished, meeting with my Beloved; in ecstasy and bliss, I sing His Glorious Praises.	ਹੇ ਪ੍ਰੀਤਮ! ਤੇਰੇ (ਚਰਨਾਂ) ਨਾਲ ਮਿਲ ਕੇ ਉਹਨਾਂ ਦਾ ਹਿਰਦਾ ਆਨੰਦ-ਭਰਪੂਰ ਹੋ ਜਾਂਦਾ ਹੈ, ਤੇਰੇ ਗੁਣ ਗਾ ਗਾ ਕੇ ਉਹਨਾਂ ਦੇ ਅੰਦਰ ਆਨੰਦ ਬਣਿਆ ਰਹਿੰਦਾ ਹੈ।

34291	803	ਸਖੀ ਸਹੇਲੀ ਰਾਮ ਰੰਗਿ ਰਾਤੀ ਮਨ ਤਨ ਇਛ ਪੁਜਾਏ॥	ਇੱਛ। ਪੁੱਜਾਏ	Sakhee Sehaelee Raam Rang Raathee Man Than Eishh Pujaaeae ||	O my friends and companions, I am imbued with the Lord's Love; the desires of my mind and body are satisfied.	ਜੇਹੜੀਆਂ (ਸਤਸੰਗੀ) ਸਹੇਲੀਆਂ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀਆਂ ਰਹਿੰਦੀਆਂ ਹਨ, ਪ੍ਰਭੂ ਉਹਨਾਂ ਦੇ ਮਨ ਦੀ ਤਨ ਦੀ ਹਰੇਕ ਇੱਛਾ ਪੂਰੀ ਕਰਦਾ ਹੈ।
34292	803	ਨਾਨਕ ਅਚਰਜੁ ਅਚਰਜ ਸਿਉ ਮਿਲਿਆ ਕਹਣਾ ਕਛੂ ਨ ਜਾਏ॥੪॥੨॥੫॥	ਅ-ਚਰਜੁ	Naanak Acharaj Acharaj Sio Miliaa Kehanaa Kashhoo N Jaaeae ||4||2||5||	O Nanak, the wonder-struck soul blends with the Wonderful Lord; this state cannot be described. ||4||2||5||	ਹੇ ਨਾਨਕ! ਉਹਨਾਂ ਦੀ (ਉੱਚੀ ਹੋ ਚੁਕੀ) ਜਿੰਦ ਅਚਰਜ-ਰੂਪ ਪ੍ਰਭੂ ਨਾਲ (ਇਉਂ) ਮਿਲ ਜਾਂਦੀ ਹੈ ਕਿ (ਉਸ ਅਵਸਥਾ ਦਾ) ਬਿਆਨ ਨਹੀਂ ਕੀਤਾ ਜਾ ਸਕਦਾ ॥੪॥੨॥੫॥
34293	803	ਰਾਗੁ ਬਿਲਾਵਲੁ ਮਹਲਾ ੫ ਘਰੁ ੪		Raag Bilaaval Mehalaa 5 Ghar 4	Raag Bilaaval, Fifth Mehl, Fourth House:	ਰਾਗ ਬਿਲਾਵਲੁ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
34294	803	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
34295	803	ਏਕ ਰੂਪ ਸਗਲੋ ਪਾਸਾਰਾ॥		Eaek Roop Sagalo Paasaaraa ||	The entire Universe is the form of the One Lord.	ਹੇ ਭਾਈ! ਇਹ ਸਾਰਾ ਜਗਤ-ਖਿਲਾਰਾ ਉਸ ਇੱਕ (ਪਰਮਾਤਮਾ ਦੇ ਹੀ ਅਨੇਕਾਂ) ਰੂਪ ਹਨ।

34296	803	ਆਪੇ ਬਨਜੁ ਆਪਿ ਬਿਉਹਾਰਾ॥੧॥		Aapae Banaj Aap Biouhaaraa ||1||	He Himself is the trade, and He Himself is the trader. ||1||	(ਸਭ ਜੀਵਾਂ ਵਿਚ ਵਿਆਪਕ ਹੋ ਕੇ) ਪ੍ਰਭੂ ਆਪ ਹੀ (ਜਗਤ ਦਾ) ਵਣਜ-ਵਿਹਾਰ ਕਰ ਰਿਹਾ ਹੈ ॥੧॥
34297	803	ਐਸੋ ਗਿਆਨੁ ਬਿਰਲੋਈ ਪਾਏ॥	ਬਿਰਲੋ-ਈ	Aiso Giaan Biralo Ee Paaeae ||	How rare is that one who is blessed with such spiritual wisdom.	ਪਰ ਇਹ ਸੂਝ ਕੋਈ ਵਿਰਲਾ ਮਨੁੱਖ ਹੀ ਹਾਸਲ ਕਰਦਾ ਹੈ,
34298	803	ਜਤ ਜਤ ਜਾਈਐ ਤਤ ਦ੍ਰਿਸਟਾਏ॥੧॥ਰਹਾਉ ॥		Jath Jath Jaaeeai Thath Dhrisattaaeae ||1|| Rehaao ||	Wherever I go, there I see Him. ||1||Pause||	ਹੇ ਭਾਈ! ਜਗਤ ਵਿਚ ਜਿਸ ਜਿਸ ਪਾਸੇ ਚਲੇ ਜਾਈਏ, ਹਰ ਪਾਸੇ ਪਰਮਾਤਮਾ ਹੀ ਨਜ਼ਰੀਂ ਆਉਂਦਾ ਹੈ ॥੧॥ ਰਹਾਉ ॥
34299	803	ਅਨਿਕ ਰੰਗ ਨਿਰਗੁਨ ਇਕ ਰੰਗਾ॥		Anik Rang Niragun Eik Rangaa ||	He manifests many forms, while still unmanifest and absolute, and yet He has One Form.	ਹੇ ਭਾਈ! ਸਦਾ ਇਕ-ਰੰਗ ਰਹਿਣ ਵਾਲੇ ਅਤੇ ਮਾਇਆ ਦੇ ਤਿੰਨ ਗੁਣਾਂ ਤੋਂ ਨਿਰਲੇਪ ਪਰਮਾਤਮਾ ਦੇ ਹੀ (ਜਗਤ ਵਿਚ ਦਿੱਸ ਰਹੇ) ਅਨੇਕਾਂ ਰੰਗ-ਤਮਾਸ਼ੇ ਹਨ।
34300	803	ਆਪੇ ਜਲੁ ਆਪ ਹੀ ਤਰੰਗਾ॥੨॥		Aapae Jal Aap Hee Tharangaa ||2||	He Himself is the water, and He Himself is the waves. ||2||	ਉਹ ਪ੍ਰਭੂ ਆਪ ਹੀ ਪਾਣੀ ਹੈ, ਤੇ, ਆਪ ਹੀ (ਪਾਣੀ ਵਿਚ ਉਠ ਰਹੀਆਂ) ਲਹਿਰਾਂ ਹੈ {ਜਿਵੇਂ ਪਾਣੀ ਅਤੇ ਪਾਣੀ ਦੀਆਂ ਲਹਿਰਾਂ ਇੱਕੋ ਰੂਪ ਹਨ, ਤਿਵੇਂ ਪਰਮਾਤਮਾ ਤੋਂ ਹੀ ਜਗਤ ਦੇ ਅਨੇਕਾਂ ਰੂਪ ਰੰਗ ਬਣੇ ਹਨ} ॥੨॥

34301	803	ਆਪ ਹੀ ਮੰਦਰੁ ਆਪਹਿ ਸੇਵਾ॥		Aap Hee Mandhar Aapehi Saevaa ||	He Himself is the temple, and He Himself is selfless service.	ਹੇ ਭਾਈ! ਪ੍ਰਭੂ ਆਪ ਹੀ ਮੰਦਰ ਹੈ, ਆਪ ਹੀ ਸੇਵਾ-ਭਗਤੀ ਹੈ,
34302	803	ਆਪ ਹੀ ਪੂਜਾਰੀ ਆਪ ਹੀ ਦੇਵਾ॥੩॥		Aap Hee Poojaaree Aap Hee Dhaevaa ||3||	He Himself is the worshipper, and He Himself is the idol. ||3||	ਆਪ ਹੀ (ਮੰਦਰ ਵਿਚ) ਦੇਵਤਾ ਹੈ, ਤੇ ਆਪ ਹੀ (ਦੇਵਤੇ ਦਾ) ਪੁਜਾਰੀ ਹੈ ॥੩॥
34303	803	ਆਪਹਿ ਜੋਗ ਆਪ ਹੀ ਜੁਗਤਾ॥		Aapehi Jog Aap Hee Jugathaa ||	He Himself is the Yoga; He Himself is the Way.	ਹੇ ਭਾਈ! ਪ੍ਰਭੂ ਆਪ ਹੀ ਜੋਗੀ ਹੈ, ਆਪ ਹੀ ਜੋਗ ਦੇ ਸਾਧਨ ਹੈ।
34304	803	ਨਾਨਕ ਕੇ ਪ੍ਰਭ ਸਦ ਹੀ ਮੁਕਤਾ॥੪॥੧॥੬॥		Naanak Kae Prabh Sadh Hee Mukathaa ||4||1||6||	Nanak's God is forever liberated. ||4||1||6||	(ਸਭ ਜੀਵਾਂ ਵਿਚ ਵਿਆਪਕ ਹੁੰਦਾ ਹੋਇਆ ਭੀ) ਨਾਨਕ ਦਾ ਪਰਮਾਤਮਾ ਸਦਾ ਹੀ ਨਿਰਲੇਪ ਹੈ ॥੪॥੧॥੬॥
34305	803	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34306	803	ਆਪਿ ਉਪਾਵਨ ਆਪਿ ਸਧਰਨਾ॥	(ਸ-ਧਰਨਾ)ਸਹਿਤ ਆਸਰੇ	Aap Oupaavan Aap Sadhharanaa ||	He Himself creates, and He Himself supports.	ਹੇ ਭਾਈ! ਪ੍ਰਭੂ ਆਪ ਹੀ (ਸਭ ਜੀਵਾਂ ਨੂੰ) ਪੈਦਾ ਕਰਨ ਵਾਲਾ ਹੈ, ਅਤੇ ਆਪ ਹੀ (ਸਭ ਨੂੰ) ਸਹਾਰਾ ਦੇਣ ਵਾਲਾ ਹੈ।
34307	803	ਆਪਿ ਕਰਾਵਨ ਦੋਸੁ ਨ ਲੈਨਾ॥੧॥		Aap Karaavan Dhos N Lainaa ||1||	He Himself causes all to act; He takes no blame Himself. ||1||	(ਸਭ ਵਿਚ ਵਿਆਪਕ ਹੋ ਕੇ) ਪ੍ਰਭੂ ਆਪ ਹੀ (ਸਭ ਜੀਵਾਂ ਪਾਸੋਂ) ਕੰਮ ਕਰਾਣ ਵਾਲਾ ਹੈ, ਪਰ ਪ੍ਰਭੂ (ਇਹਨਾਂ ਕੰਮਾਂ ਦਾ) ਦੋਸ਼ ਆਪਣੇ ਉਤੇ ਨਹੀਂ ਲੈਂਦਾ ॥੧॥

34308	803	ਆਪਨ ਬਚਨੁ ਆਪ ਹੀ ਕਰਨਾ॥		Aapan Bachan Aap Hee Karanaa ||	He Himself is the teaching, and He Himself is the teacher.	ਹੇ ਭਾਈ! (ਹਰੇਕ ਜੀਵ ਵਿਚ ਵਿਆਪਕ ਹੋ ਕੇ) ਆਪਣਾ ਬੋਲ (ਪ੍ਰਭੂ ਆਪ ਹੀ ਬੋਲ ਰਿਹਾ ਹੈ, ਅਤੇ) ਆਪ ਹੀ (ਉਸ ਬੋਲ ਦੇ ਅਨੁਸਾਰ ਕੰਮ) ਕਰ ਰਿਹਾ ਹੈ।
34309	803	ਆਪਨ ਬਿਭਉ ਆਪ ਹੀ ਜਰਨਾ॥੧॥ਰਹਾਉ॥	(ਬਿਭਉ)ਬਿਭੂਤੀ, ਮਾਇਆ। ਆਪ ਹੀ ਉਸ ਨੂੰ ਜਰਨਾਸਹਾਰਨ ਵਾਲੇ ਹਨ	Aapan Bibho Aap Hee Jaranaa ||1|| Rehaao ||	He Himself is the splendor, and He Himself is the experiencer of it. ||1||Pause||	ਉਹ ਆਪਣਾ ਤੇਜ਼ ਪ੍ਰਤਾਪ ਆਪ ਹੀ ਸਹਾਰ ਰਿਹਾ ਹੈ (ਉਸ ਦਾ ਤੇਜ਼ ਕਿਸੇ ਹੋਰ ਤੋਂ ਨਹੀਂ ਝੱਲਿਆ ਜਾ ਸਕਦਾ) ॥੧॥ ਰਹਾਉ ॥
34310	803	ਆਪ ਹੀ ਮਸਟਿ ਆਪ ਹੀ ਬੁਲਨਾ॥		Aap Hee Masatt Aap Hee Bulanaa ||	He Himself is silent, and He Himself is the speaker.	(ਹਰੇਕ ਵਿਚ ਮੌਜੂਦ ਹੈ। ਜੇ ਕੋਈ ਮੌਨ ਧਾਰੀ ਬੈਠਾ ਹੈ, ਤਾਂ ਉਸ ਵਿਚ) ਪ੍ਰਭੂ ਆਪ ਹੀ ਮੌਨਧਾਰੀ ਹੈ, (ਜੇ ਕੋਈ ਬੋਲ ਰਿਹਾ ਹੈ, ਤਾਂ ਉਸ ਵਿਚ) ਆਪ ਹੀ ਪ੍ਰਭੂ ਬੋਲ ਰਿਹਾ ਹੈ।
34311	803	ਆਪ ਹੀ ਅਛਲੁ ਨ ਜਾਈ ਛਲਨਾ॥੨॥	ਅਛਲ	Aap Hee Ashhal N Jaaee Shhalanaa ||2||	He Himself is undeceivable; He cannot be deceived. ||2||	ਪ੍ਰਭੂ ਆਪ ਹੀ (ਕਿਸੇ ਵਿਚ ਬੈਠਾ) ਮਾਇਆ ਦੇ ਪ੍ਰਭਾਵ ਤੋਂ ਪਰੇ ਹੈ, ਮਾਇਆ ਉਸ ਨੂੰ ਛਲ ਨਹੀਂ ਸਕਦੀ ॥੨॥
34312	803	ਆਪ ਹੀ ਗੁਪਤ ਆਪਿ ਪਰਗਟਨਾ॥		Aap Hee Gupath Aap Paragattanaa ||	He Himself is hidden, and He Himself is manifest.	ਹੇ ਭਾਈ! ਪ੍ਰਭੂ ਆਪ ਹੀ (ਸਭ ਜੀਵਾਂ ਵਿਚ) ਲੁਕਿਆ ਬੈਠਾ ਹੈ, ਤੇ, (ਜਗਤ-ਰਚਨਾ ਦੇ ਰੂਪ ਵਿਚ) ਆਪ ਹੀ ਪ੍ਰਤੱਖ ਦਿੱਸ ਰਿਹਾ ਹੈ।

34313	803	ਆਪ ਹੀ ਘਟਿ ਘਟਿ ਆਪਿ ਅਲਿਪਨਾ॥੩॥	ਅ-ਲਿਪਨਾ	Aap Hee Ghatt Ghatt Aap Alipanaa ||3||	He Himself is in each and every heart; He Himself is unattached. ||3||	ਪ੍ਰਭੂ ਆਪ ਹੀ ਹਰੇਕ ਸਰੀਰ ਵਿਚ ਵੱਸ ਰਿਹਾ ਹੈ, (ਹਰੇਕ ਵਿਚ ਵੱਸਦਾ ਹੋਇਆ) ਪ੍ਰਭੂ ਆਪ ਹੀ ਨਿਰਲੇਪ ਹੈ ॥੩॥
34314	803	ਆਪੇ ਅਵਿਗਤੁ ਆਪ ਸੰਗਿ ਰਚਨਾ॥		Aapae Avigath Aap Sang Rachanaa ||	He Himself is absolute, and He Himself is with the Universe.	ਹੇ ਭਾਈ! ਪ੍ਰਭੂ ਆਪ ਹੀ ਅਦ੍ਰਿਸ਼ਟ ਹੈ, ਆਪ ਹੀ (ਆਪਣੀ ਰਚੀ) ਸ੍ਰਿਸ਼ਟੀ ਦੇ ਨਾਲ ਮਿਲਿਆ ਹੋਇਆ ਹੈ।
34315	803	ਕਹੁ ਨਾਨਕ ਪ੍ਰਭ ਕੇ ਸਭਿ ਜਚਨਾ॥੪॥੨॥੭॥	(ਜਚਨਾ)ਮੰਗਤੇ	Kahu Naanak Prabh Kae Sabh Jachanaa ||4||2||7||	Says Nanak, all are beggars of God. ||4||2||7||	ਨਾਨਕ ਆਖਦਾ ਹੈ- (ਜਗਤ ਵਿਚ ਦਿੱਸ ਰਹੇ ਇਹ) ਸਾਰੇ ਕੌਤਕ ਪ੍ਰਭੂ ਦੇ ਆਪਣੇ ਹੀ ਹਨ ॥੪॥੨॥੭॥
34316	803	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34317	803	ਭੂਲੇ ਮਾਰਗੁ ਜਿਨਹਿ ਬਤਾਇਆ॥		Bhoolae Maarag Jinehi Bathaaeiaa ||	He places the one who strays back on the Path;	(ਹੇ ਮਨ!) ਜਿਹੜਾ (ਜੀਵਨ ਦੇ ਸਹੀ ਰਸਤੇ ਤੋਂ) ਖੁੰਝੇ ਜਾ ਰਹੇ ਮਨੁੱਖ ਨੂੰ (ਜ਼ਿੰਦਗੀ ਦਾ ਸਹੀ) ਰਸਤਾ ਦੱਸ ਦੇਂਦਾ ਹੈ,
34318	803	ਐਸਾ ਗੁਰੁ ਵਡਭਾਗੀ ਪਾਇਆ॥੧॥		Aisaa Gur Vaddabhaagee Paaeiaa ||1||	Such a Guru is found by great good fortune. ||1||	ਇਹੋ ਜਿਹਾ ਗੁਰੂ ਵੱਡੇ ਭਾਗਾਂ ਨਾਲ ਹੀ ਮਿਲਦਾ ਹੈ ॥੧॥

34319	803	ਸਿਮਰਿ ਮਨਾ ਰਾਮ ਨਾਮੁ ਚਿਤਾਰੇ॥		Simar Manaa Raam Naam Chithaarae ||	Meditate, contemplate the Name of the Lord, O mind.	ਹੇ (ਮੇਰੇ) ਮਨ! ਧਿਆਨ ਜੋੜ ਕੇ ਪਰਮਾਤਮਾ ਦਾ ਨਾਮ ਸਿਮਰਿਆ ਕਰ।
34320	803	ਬਸਿ ਰਹੇ ਹਿਰਦੈ ਗੁਰ ਚਰਨ ਪਿਆਰੇ॥੧॥ਰਹਾਉ ॥		Bas Rehae Hiradhai Gur Charan Piaarae ||1|| Rehaao ||	The Beloved Feet of the Guru abide within my heart. ||1||Pause||	(ਪਰ ਉਹੀ ਮਨੁੱਖ ਹਰਿ-ਨਾਮ ਸਿਮਰ ਸਕਦਾ ਹੈ, ਜਿਸ ਦੇ) ਹਿਰਦੇ ਵਿਚ ਪਿਆਰੇ ਗੁਰੂ ਦੇ ਚਰਨ ਵੱਸੇ ਰਹਿੰਦੇ ਹਨ (ਤਾਂ ਤੇ, ਹੇ ਮਨ! ਤੂੰ ਭੀ ਗੁਰੂ ਦਾ ਆਸਰਾ ਲੈ) ॥੧॥ ਰਹਾਉ ॥
34321	804	ਕਾਮਿ ਕ੍ਰੋਧਿ ਲੋਭਿ ਮੋਹਿ ਮਨੁ ਲੀਨਾ॥		Kaam Krodhh Lobh Mohi Man Leenaa ||	The mind is engrossed in sexual desire, anger, greed and emotional attachment.	(ਹੇ ਮਨ! ਵੇਖ, ਮਨੁੱਖ ਦਾ) ਮਨ (ਸਦਾ) ਕਾਮ ਵਿਚ ਕ੍ਰੋਧ ਵਿਚ ਲੋਭ ਵਿਚ ਮੋਹ ਵਿਚ ਫਸਿਆ ਰਹਿੰਦਾ ਹੈ।
34322	804	ਬੰਧਨ ਕਾਟਿ ਮੁਕਤਿ ਗੁਰਿ ਕੀਨਾ॥੨॥		Bandhhan Kaatt Mukath Gur Keenaa ||2||	Breaking my bonds, the Guru has liberated me. ||2||	(ਪਰ ਜਦੋਂ ਉਹ ਗੁਰੂ ਦੇ ਸਰਨ ਆਇਆ), ਗੁਰੂ ਨੇ (ਉਸ ਦੇ ਇਹ ਸਾਰੇ) ਬੰਧਨ ਕੱਟ ਕੇ ਉਸ ਨੂੰ (ਇਹਨਾਂ ਵਿਕਾਰਾਂ ਤੋਂ) ਖ਼ਲਾਸੀ ਦੇ ਦਿੱਤੀ ॥੨॥
34323	804	ਦੁਖ ਸੁਖ ਕਰਤ ਜਨਮਿ ਫੁਨਿ ਮੂਆ॥		Dhukh Sukh Karath Janam Fun Mooaa ||	Experiencing pain and pleasure, one is born, only to die again.	ਹੇ ਮਨ! ਦੁੱਖ ਸੁਖ ਕਰਦਿਆਂ ਮਨੁੱਖ ਕਦੇ ਮਰਦਾ ਹੈ ਕਦੇ ਜੀਊ ਪੈਂਦਾ ਹੈ।

34324	804	ਚਰਨਕਮਲ ਗੁਰਿ ਆਸ੍ਰਮੁ ਦੀਆ॥੩॥		Charan Kamal Gur Aasram Dheeaa ||3||	The Lotus Feet of the Guru bring peace and shelter. ||3||	(ਦੁੱਖ ਵਾਪਰਿਆਂ ਸਹਿਮ ਜਾਂਦਾ ਹੈ, ਸੁਖ ਮਿਲਣ ਤੇ ਸੌਖਾ ਸਾਹ ਲੈਣ ਲੱਗ ਪੈਂਦਾ ਹੈ। ਇਸ ਤਰ੍ਹਾਂ ਡੁਬਕੀਆਂ ਲੈਂਦਾ ਮਨੁੱਖ ਜਦੋਂ ਗੁਰੂ ਦੀ ਸਰਨ ਆਇਆ) ਗੁਰੂ ਨੇ ਉਸ ਨੂੰ ਪਰਮਾਤਮਾ ਦੇ ਸੋਹਣੇ ਚਰਨਾਂ ਦਾ ਆਸਰਾ ਦੇ ਦਿੱਤਾ ॥੩॥
34325	804	ਅਗਨਿ ਸਾਗਰ ਬੂਡਤ ਸੰਸਾਰਾ॥		Agan Saagar Booddath Sansaaraa ||	The world is drowning in the ocean of fire.	ਜਗਤ ਤ੍ਰਿਸ਼ਨਾ ਦੀ ਅੱਗ ਦੇ ਸਮੁੰਦਰ ਵਿਚ ਡੁੱਬ ਰਿਹਾ ਹੈ।
34326	804	ਨਾਨਕ ਬਾਹ ਪਕਰਿ ਸਤਿਗੁਰਿ ਨਿਸਤਾਰਾ॥੪॥੩॥੮॥		Naanak Baah Pakar Sathigur Nisathaaraa ||4||3||8||	O Nanak, holding me by the arm, the True Guru has saved me. ||4||3||8||	(ਜੇਹੜਾ ਮਨੁੱਖ ਗੁਰੂ ਦੀ ਸਰਨ ਪਿਆ) ਹੇ ਨਾਨਕ! ਗੁਰੂ ਨੇ (ਉਸ ਦੀ) ਬਾਂਹ ਫੜ ਕੇ (ਉਸ ਨੂੰ ਸੰਸਾਰ-ਸਮੁੰਦਰ ਵਿਚੋਂ) ਪਾਰ ਲੰਘਾ ਦਿੱਤਾ ॥੪॥੩॥੮॥
34327	804	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34328	804	ਤਨੁ ਮਨੁ ਧਨੁ ਅਰਪਉ ਸਭੁ ਅਪਨਾ॥		Than Man Dhhan Arapo Sabh Apanaa ||	Body, mind, wealth and everything, I surrender to my Lord.	(ਜੇ ਕੋਈ ਗੁਰਮੁਖਿ ਮੈਨੂੰ ਸਿਮਰਨ ਦੀ ਬਰਕਤ ਵਾਲੀ ਸੁਮਤਿ ਦੇ ਦੇਵੇ, ਤਾਂ) ਮੈਂ ਆਪਣਾ ਸਰੀਰ ਆਪਣਾ ਮਨ ਆਪਣਾ ਧਨ ਸਭ ਕੁਝ ਭੇਟਾ ਕਰਨ ਨੂੰ ਤਿਆਰ ਹਾਂ।

34329	804	ਕਵਨ ਸੁਮਤਿ ਜਿਤੁ ਹਰਿ ਹਰਿ ਜਪਨਾ॥੧॥	ਸੁ-ਮੱਤਿ	Kavan S Math Jith Har Har Japanaa ||1||	What is that wisdom, by which I may come to chant the Name of the Lord, Har, Har? ||1||	ਹੇ ਭਾਈ! ਉਹ ਕੇਹੜੀ ਚੰਗੀ ਸਿੱਖਿਆ ਹੈ ਜਿਸ ਦੀ ਬਰਕਤਿ ਨਾਲ ਪਰਮਾਤਮਾ ਦਾ ਨਾਮ ਸਿਮਰਿਆ ਜਾ ਸਕਦਾ ਹੈ? ॥੧॥
34330	804	ਕਰਿ ਆਸਾ ਆਇਓ ਪ੍ਰਭ ਮਾਗਨਿ॥	ਮਾਂਗਨਿ	Kar Aasaa Aaeiou Prabh Maagan ||	Nurturing hope, I have come to beg from God.	ਹੇ ਪ੍ਰਭੂ! ਆਸਾ ਧਾਰ ਕੇ ਮੈਂ (ਤੇਰੇ ਦਰ ਤੇ ਤੇਰੇ ਨਾਮ ਦੀ ਦਾਤਿ) ਮੰਗਣ ਆਇਆ ਹਾਂ।
34331	804	ਤੁਮ੍ ਪੇਖਤ ਸੋਭਾ ਮੇਰੈ ਆਗਨਿ॥੧॥ਰਹਾਉ ॥	ਰਿਦੇ ਰੂਪ (ਆਗਨਿ)ਵਿਹੜੇ	Thumh Paekhath Sobhaa Maerai Aagan ||1|| Rehaao ||	Gazing upon You, the courtyard of my heart is embellished. ||1||Pause||	ਤੇਰਾ ਦਰਸਨ ਕੀਤਿਆਂ ਮੇਰੇ (ਹਿਰਦੇ-) ਵੇਹੜੇ ਵਿਚ ਉਤਸ਼ਾਹ ਪੈਦਾ ਹੋ ਜਾਂਦਾ ਹੈ ॥੧॥ ਰਹਾਉ ॥
34332	804	ਅਨਿਕ ਜੁਗਤਿ ਕਰਿ ਬਹੁਤੁ ਬੀਚਾਰਉ॥		Anik Jugath Kar Bahuth Beechaaro ||	Trying several methods, I reflect deeply upon the Lord.	ਹੇ ਭਾਈ! ਮੈਂ ਅਨੇਕਾਂ ਢੰਗ (ਆਪਣੇ ਸਾਹਮਣੇ) ਰੱਖ ਕੇ ਬੜਾ ਵਿਚਾਰਦਾ ਹਾਂ (ਕਿ ਕਿਸ ਢੰਗ ਨਾਲ ਇਸ ਨੂੰ ਵਿਕਾਰਾਂ ਤੋਂ ਬਚਾਇਆ ਜਾਏ।
34333	804	ਸਾਧਸੰਗਿ ਇਸੁ ਮਨਹਿ ਉਧਾਰਉ॥੨॥		Saadhhasang Eis Manehi Oudhhaaro ||2||	In the Saadh Sangat, the Company of the Holy, this mind is saved. ||2||	ਅਖ਼ੀਰ ਤੇ ਇਹੀ ਸਮਝ ਆਉਂਦੀ ਹੈ ਕਿ) ਗੁਰਮੁਖਾਂ ਦੀ ਸੰਗਤਿ ਵਿਚ (ਹੀ) ਇਸ ਮਨ ਨੂੰ (ਵਿਕਾਰਾਂ ਤੋਂ) ਮੈਂ ਬਚਾ ਸਕਦਾ ਹਾਂ ॥੨॥

34334	804	ਮਤਿ ਬੁਧਿ ਸੁਰਤਿ ਨਾਹੀ ਚਤੁਰਾਈ॥		Math Budhh Surath Naahee Chathuraaee ||	I have neither intelligence, wisdom, common sense nor cleverness.	ਹੇ ਭਾਈ! ਕਿਸੇ ਮਤਿ, ਕਿਸੇ ਅਕਲ, ਕਿਸੇ ਧਿਆਨ, ਕਿਸੇ ਭੀ ਚਤੁਰਾਈ ਨਾਲ ਪਰਮਾਤਮਾ ਨਹੀਂ ਮਿਲ ਸਕਦਾ।
34335	804	ਤਾ ਮਿਲੀਐ ਜਾ ਲਏ ਮਿਲਾਈ॥੩॥		Thaa Mileeai Jaa Leae Milaaee ||3||	I meet You, only if You lead me to meet You. ||3||	ਜਦੋਂ ਉਹ ਪ੍ਰਭੂ ਆਪ ਹੀ ਜੀਵ ਨੂੰ ਮਿਲਾਂਦਾ ਹੈ ਤਦੋਂ ਹੀ ਉਸ ਨੂੰ ਮਿਲ ਸਕੀਦਾ ਹੈ ॥੩॥
34336	804	ਨੈਨ ਸੰਤੋਖੇ ਪ੍ਰਭ ਦਰਸਨੁਪਾਇਆ॥		Nain Santhokhae Prabh Dharasan Paaeiaa ||	My eyes are content, gazing upon the Blessed Vision of God's Darshan.	(ਦਰਸਨ ਦੀ ਬਰਕਤਿ ਨਾਲ) ਜਿਸ ਦੀਆਂ ਅੱਖਾਂ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਗਈਆਂ ਹਨ,
34337	804	ਕਹੁ ਨਾਨਕ ਸਫਲੁ ਸੋ ਆਇਆ॥੪॥੪॥੯॥		Kahu Naanak Safal So Aaeiaa ||4||4||9||	Says Nanak, such a life is fruitful and rewarding. ||4||4||9||	ਨਾਨਕ ਆਖਦਾ ਹੈ- ਉਸ ਮਨੁੱਖ ਦਾ ਜਗਤ ਵਿਚ ਆਉਣਾ ਮੁਬਾਰਿਕ ਹੈ, ਜਿਸ ਨੇ ਪਰਮਾਤਮਾ ਦਾ ਦਰਸਨ ਕਰ ਲਿਆ ਹੈ ॥੪॥੪॥੯॥
34338	804	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34339	804	ਮਾਤ ਪਿਤਾ ਸੁਤ ਸਾਥਿ ਨ ਮਾਇਆ॥		Maath Pithaa Suth Saathh N Maaeiaa ||	Mother, father, children and the wealth of Maya, will not go along with you.	ਹੇ ਭਾਈ! ਮਾਂ, ਪਿਉ, ਪੁੱਤਰ, ਮਾਇਆ-(ਇਹਨਾਂ ਵਿਚੋਂ ਕੋਈ ਭੀ ਜੀਵ ਦਾ ਸਦਾ ਲਈ) ਸਾਥੀ ਨਹੀਂ ਬਣ ਸਕਦਾ, (ਦੁੱਖ ਵਾਪਰਨ ਤੇ ਭੀ ਸਹਾਈ ਨਹੀਂ ਬਣ ਸਕਦਾ)।

34340	804	ਸਾਧਸੰਗਿ ਸਭੁ ਦੂਖੁ ਮਿਟਾਇਆ॥੧॥		Saadhhasang Sabh Dhookh Mittaaeiaa ||1||	In the Saadh Sangat, the Company of the Holy, all pain is dispelled. ||1||	ਗੁਰੂ ਦੀ ਸੰਗਤਿ ਵਿਚ ਟਿਕਿਆਂ ਸਾਰਾ ਦੁੱਖ-ਕਲੇਸ਼ ਦੂਰ ਕਰ ਸਕੀਦਾ ਹੈ ॥੧॥
34341	804	ਰਵਿ ਰਹਿਆ ਪ੍ਰਭੁ ਸਭ ਮਹਿ ਆਪੇ॥		Rav Rehiaa Prabh Sabh Mehi Aapae ||	God Himself is pervading, and permeating all.	ਹੇ ਭਾਈ! (ਜੇਹੜਾ) ਪਰਮਾਤਮਾ ਆਪ ਹੀ ਸਭ ਜੀਵਾਂ ਵਿਚ ਵਿਆਪਕ ਹੈ,
34342	804	ਹਰਿ ਜਪੁ ਰਸਨਾ ਦੁਖੁ ਨ ਵਿਆਪੇ॥੧॥ਰਹਾਉ ॥		Har Jap Rasanaa Dhukh N Viaapae ||1|| Rehaao ||	Chant the Name of the Lord with your tongue, and pain will not afflict you. ||1||Pause||	ਉਸ (ਦੇ ਨਾਮ) ਦਾ ਜਾਪ ਜੀਭ ਨਾਲ ਕਰਦਾ ਰਹੁ (ਇਸ ਤਰ੍ਹਾਂ) ਕੋਈ ਦੁੱਖ ਜ਼ੋਰ ਨਹੀਂ ਪਾ ਸਕਦਾ ॥੧॥ ਰਹਾਉ ॥
34343	804	ਤਿਖਾ ਭੂਖ ਬਹੁ ਤਪਤਿ ਵਿਆਪਿਆ॥	ਤਿਖਾਤ੍ਰਿਸ਼ਨਾ, ਵਿਕਾਰਾਂ ਔਗੁਣਾਂ ਦੀ (ਤਪਤਿ)ਤਪਸ਼	Thikhaa Bhookh Bahu Thapath Viaapiaa ||	One who is afflicted by the terrible fire of thirst and desire,	ਹੇ ਭਾਈ! ਜਗਤ ਮਾਇਆ ਦੀ ਤ੍ਰਿਸ਼ਨਾ, ਮਾਇਆ ਦੀ ਭੁੱਖ ਤੇ ਸੜਨ ਵਿਚ ਫਸਿਆ ਪਿਆ ਹੈ।
34344	804	ਸੀਤਲ ਭਏ ਹਰਿ ਹਰਿ ਜਸੁ ਜਾਪਿਆ॥੨॥		Seethal Bheae Har Har Jas Jaapiaa ||2||	Becomes cool, chanting the Praises of the Lord, Har, Har. ||2||	ਜੇਹੜੇ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਹਨ, (ਉਹਨਾਂ ਦੇ ਹਿਰਦੇ) ਠੰਢੇ-ਠਾਰ ਹੋ ਜਾਂਦੇ ਹਨ ॥੨॥
34345	804	ਕੋਟਿ ਜਤਨ ਸੰਤੋਖੁ ਨ ਪਾਇਆ॥		Kott Jathan Santhokh N Paaeiaa ||	By millions of efforts, peace is not obtained;	ਹੇ ਭਾਈ! ਕ੍ਰੋੜਾਂ ਜਤਨ ਕੀਤਿਆਂ ਭੀ (ਮਾਇਆ ਦੀ ਤ੍ਰਿਸ਼ਨਾ ਵਲੋਂ) ਸੰਤੋਖ ਪ੍ਰਾਪਤ ਨਹੀਂ ਹੁੰਦਾ।

34346	804	ਮਨੁ ਤ੍ਰਿਪਤਾਨਾ ਹਰਿ ਗੁਣ ਗਾਇਆ॥੩॥		Man Thripathaanaa Har Gun Gaaeiaa ||3||	The mind is satisfied only by singing the Glorious Praises of the Lord. ||3||	ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਇਆਂ ਮਨ ਰੱਜ ਜਾਂਦਾ ਹੈ ॥੩॥
34347	804	ਦੇਹੁ ਭਗਤਿ ਪ੍ਰਭ ਅੰਤਰਜਾਮੀ॥		Dhaehu Bhagath Prabh Antharajaamee ||	Please bless me with devotion, O God, O Searcher of hearts.	ਹੇ ਹਰੇਕ ਦੇ ਦਿਲ ਦੀ ਜਾਣਨ ਵਾਲੇ ਪ੍ਰਭੂ! ਮੈਨੂੰ ਆਪਣੀ ਭਗਤੀ ਦਾ ਦਾਨ ਦੇਹ,
34348	804	ਨਾਨਕ ਕੀ ਬੇਨੰਤੀ ਸੁਆਮੀ॥੪॥੫॥੧੦॥		Naanak Kee Baenanthee Suaamee ||4||5||10||	This is Nanak's prayer, O Lord and Master. ||4||5||10||	ਹੇ ਮਾਲਕ! (ਤੇਰੇ ਦਾਸ) ਨਾਨਕ ਦੀ (ਤੇਰੇ ਦਰ ਤੇ ਏਹੋ) ਬੇਨਤੀ ਹੈ ॥੪॥੫॥੧੦॥
34349	804	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34350	804	ਗੁਰੁ ਪੂਰਾ ਵਡਭਾਗੀ ਪਾਈਐ॥		Gur Pooraa Vaddabhaagee Paaeeai ||	By great good fortune, the Perfect Guru is found.	ਹੇ ਭਾਈ! ਪੂਰੀ ਵੱਡੀ ਕਿਸਮਤ ਨਾਲ (ਹੀ) ਗੁਰੂ ਮਿਲਦਾ ਹੈ।
34351	804	ਮਿਲਿ ਸਾਧੂ ਹਰਿ ਨਾਮੁ ਧਿਆਈਐ॥੧॥		Mil Saadhhoo Har Naam Dhhiaaeeai ||1||	Meeting with the Holy Saints, meditate on the Name of the Lord. ||1||	ਗੁਰੂ ਨੂੰ ਮਿਲ ਕੇ (ਹੀ) ਪਰਮਾਤਮਾ ਦਾ ਨਾਮ ਸਿਮਰਿਆ ਜਾ ਸਕਦਾ ਹੈ ॥੧॥
34352	804	ਪਾਰਬ੍ਰਹਮ ਪ੍ਰਭ ਤੇਰੀ ਸਰਨਾ॥		Paarabreham Prabh Thaeree Saranaa ||	O Supreme Lord God, I seek Your Sanctuary.	ਹੇ ਪਾਰਬ੍ਰਹਮ ਪ੍ਰਭੂ! (ਮੈਂ) ਤੇਰੀ ਸਰਨ ਆਇਆ ਹਾਂ (ਮੈਨੂੰ ਗੁਰੂ ਮਿਲਾ)।

34353	804	ਕਿਲਬਿਖ ਕਾਟੈ ਭਜੁ ਗੁਰ ਕੇ ਚਰਨਾ॥੧॥ਰਹਾਉ॥	ਕਿਲਬਿਖ ਭਜੁ ਪੋਲੇ	Kilabikh Kaattai Bhaj Gur Kae Charanaa ||1|| Rehaao ||	Meditating on the Guru's Feet, sinful mistakes are erased. ||1||Pause||	ਹੇ ਭਾਈ! ਗੁਰੂ ਦੇ ਚਰਨਾਂ ਨੂੰ ਆਪਣੇ ਹਿਰਦੇ ਵਿਚ ਵਸਾ ਲੈ, ਗੁਰੂ ਸਾਰੇ ਪਾਪ ਕੱਟ ਦੇਂਦਾ ਹੈ ॥੧॥ ਰਹਾਉ ॥
34354	804	ਅਵਰਿ ਕਰਮ ਸਭਿ ਲੋਕਾਚਾਰ॥		Avar Karam Sabh Lokaachaar ||	All other rituals are just worldly affairs;	ਹੇ ਭਾਈ! (ਗੁਰੂ ਦੀ ਸਰਨ ਤੋਂ ਬਿਨਾ) ਹੋਰ ਸਾਰੇ ਕਰਮ ਨਿਰਾ ਵਿਖਾਵਾ ਹੀ ਹਨ।
34355	804	ਮਿਲਿ ਸਾਧੂਸੰਗਿ ਹੋਇ ਉਧਾਰ॥੨॥		Mil Saadhhoo Sang Hoe Oudhhaar ||2||	Joining the Saadh Sangat, the Company of the Holy, one is saved. ||2||	ਗੁਰੂ ਦੀ ਸੰਗਤਿ ਵਿਚ ਮਿਲ ਕੇ (ਹੀ) ਸੰਸਾਰ-ਸਮੁੰਦਰ ਤੋਂ ਪਾਰ-ਉਤਾਰਾ ਹੁੰਦਾ ਹੈ ॥੨॥
34356	804	ਸਿੰਮ੍ਰਿਤਿ ਸਾਸਤ ਬੇਦ ਬੀਚਾਰੇ॥	ਸਿੰਮ੍ਰਿਤਿ	Sinmrith Saasath Baedh Beechaarae ||	One may contemplate the Simritees, Shaastras and Vedas,	ਹੇ ਭਾਈ! ਸਾਰੇ ਸ਼ਾਸਤ੍ਰ, ਸਿੰਮ੍ਰਿਤੀਆਂ ਅਤੇ ਵੇਦ ਵਿਚਾਰ ਕੇ ਵੇਖ ਲਏ ਹਨ।
34357	804	ਜਪੀਐ ਨਾਮੁ ਜਿਤੁ ਪਾਰਿ ਉਤਾਰੇ॥੩॥		Japeeai Naam Jith Paar Outhaarae ||3||	But only by chanting the Naam, the Name of the Lord, is one saved and carried across. ||3||	(ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਹੀ ਸਿਮਰਨਾ ਚਾਹੀਦਾ ਹੈ, ਇਸ ਹਰਿ-ਨਾਮ ਦੀ ਰਾਹੀਂ ਹੀ ਗੁਰੂ ਪਾਰ ਲੰਘਾਂਦਾ ਹੈ ॥੩॥
34358	804	ਜਨ ਨਾਨਕ ਕਉ ਪ੍ਰਭ ਕਿਰਪਾ ਕਰੀਐ॥		Jan Naanak Ko Prabh Kirapaa Kareeai ||	Have Mercy upon servant Nanak, O God,	ਹੇ ਪ੍ਰਭੂ! ਆਪਣੇ ਦਾਸ ਨਾਨਕ ਉਤੇ ਮੇਹਰ ਕਰ।

34359	804	ਸਾਧੂ ਧੂਰਿ ਮਿਲੈ ਨਿਸਤਰੀਐ॥੪॥੬॥੧੧॥		Saadhhoo Dhhoor Milai Nisathareeai ||4||6||11||	And bless him with the dust of the feet of the Holy, that he may be emancipated. ||4||6||11||	(ਤੇਰੇ ਦਾਸ ਨੂੰ) ਗੁਰੂ ਦੇ ਚਰਨਾਂ ਦੀ ਧੂੜ ਮਿਲ ਜਾਏ। (ਗੁਰੂ ਦੀ ਕਿਰਪਾ ਨਾਲ ਹੀ) ਸੰਸਾਰ-ਸਮੁੰਦਰ ਤੋਂ ਪਾਰ ਲੰਘੀਦਾ ਹੈ ॥੪॥੬॥੧੧॥
34360	804	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34361	804	ਗੁਰ ਕਾ ਸਬਦੁ ਰਿਦੇ ਮਹਿ ਚੀਨ੍ਹਾ॥		Gur Kaa Sabadh Ridhae Mehi Cheenaa ||	I contemplate the Word of the Guru's Shabad within my heart;	ਹੇ ਭਾਈ! (ਜਿਨ੍ਹਾਂ ਵਡ-ਭਾਗੀਆਂ ਨੇ) ਗੁਰੂ ਦਾ ਸ਼ਬਦ ਆਪਣੇ ਹਿਰਦੇ ਵਿਚ ਵਿਚਾਰਿਆ,
34362	804	ਸਗਲ ਮਨੋਰਥ ਪੂਰਨ ਆਸੀਨਾ॥੧॥	(ਆਸੀਨਾ)ਇਸਥਿੱਤ	Sagal Manorathh Pooran Aaseenaa ||1||	All my hopes and desires are fulfilled. ||1||	ਉਹਨਾਂ ਦੇ ਸਾਰੇ ਮਨੋਰਥ ਪੂਰੇ ਹੋ ਗਏ, ਉਹਨਾਂ ਦੀਆਂ ਸਾਰੀਆਂ ਆਸਾਂ ਸਿਰੇ ਚੜ੍ਹ ਗਈਆਂ ॥੧॥
34363	804	ਸੰਤ ਜਨਾ ਕਾ ਮੁਖੁ ਊਜਲੁ ਕੀਨ੍ਹਾ॥		Santh Janaa Kaa Mukh Oojal Keenaa ||	The faces of the humble Saints are radiant and bright;	ਹੇ ਭਾਈ! ਉਹਨਾਂ ਸੰਤ ਜਨਾਂ ਦਾ ਮੂੰਹ (ਲੋਕ ਪਰਲੋਕ ਵਿਚ) ਰੌਸ਼ਨ ਹੋ ਗਿਆ,
34364	804	ਕਰਿ ਕਿਰਪਾ ਅਪੁਨਾ ਨਾਮੁ ਦੀਨਾ॥੧॥ਰਹਾਉ॥		Kar Kirapaa Apunaa Naam Dheenaa ||1|| Rehaao ||	The Lord has mercifully blessed them with the Naam, the Name of the Lord. ||1||Pause||	ਪਰਮਾਤਮਾ ਨੇ ਮੇਹਰ ਕਰ ਕੇ (ਜਿਨ੍ਹਾਂ ਸੰਤ ਜਨਾਂ ਨੂੰ) ਆਪਣਾ ਨਾਮ ਬਖ਼ਸ਼ਿਆ ॥੧॥ ਰਹਾਉ ॥

34365	804	ਅੰਧ ਕੂਪ ਤੇ ਕਰੁ ਗਹਿ ਲੀਨਾ॥		Andhh Koop Thae Kar Gehi Leenaa ||	Holding them by the hand, He has lifted them up out of the deep, dark pit,	ਹੇ ਭਾਈ! ਜਿਨ੍ਹਾਂ ਵਡ-ਭਾਗੀਆਂ ਨੂੰ ਪ੍ਰਭੂ ਨੇ (ਮਾਇਆ ਦੇ ਮੋਹ ਦੇ) ਹਨੇਰੇ ਖੂਹ ਵਿਚੋਂ ਹੱਥ ਫੜ ਕੇ ਕੱਢ ਲਿਆ।
34366	804	ਜੈ ਜੈਕਾਰੁ ਜਗਤਿ ਪ੍ਰਗਟੀਨਾ॥੨॥	ਜੱਗ-ਤਿ	Jai Jai Kaar Jagath Pragatteenaa ||2||	And their victory is celebrated throughout the world. ||2||	ਸਾਰੇ ਜਗਤ ਵਿਚ ਉਹਨਾਂ ਦੀ ਬੜੀ ਸੋਭਾ ਖਿਲਰ ਗਈ ॥੨॥
34367	804	ਨੀਚਾ ਤੇ ਊਚ ਊਨ ਪੂਰੀਨਾ॥		Neechaa Thae Ooch Oon Pooreenaa ||	He elevates and exalts the lowly, and fills the empty.	ਹੇ ਭਾਈ! ਉਹ ਮਨੁੱਖ ਨੀਵਿਆਂ ਤੋਂ ਉੱਚੇ ਬਣ ਗਏ, ਉਹ (ਪਹਿਲਾਂ ਗੁਣਾਂ ਤੋਂ) ਸੱਖਣੇ (ਗੁਣਾਂ ਨਾਲ) ਭਰ ਗਏ,
34368	804	ਅੰਮ੍ਰਿਤ ਨਾਮੁ ਮਹਾ ਰਸੁ ਲੀਨਾ॥੩॥		Anmrith Naam Mehaa Ras Leenaa ||3||	They receive the supreme, sublime essence of the Ambrosial Naam. ||3||	(ਜਿਨ੍ਹਾਂ ਨੇ) ਆਤਮਕ ਜੀਵਨ ਦੇਣ ਵਾਲਾ ਅਤੇ ਬੜਾ ਸੁਆਦਲਾ ਹਰਿ-ਨਾਮ ਜਪਣਾ ਸ਼ੁਰੂ ਕਰ ਦਿੱਤਾ ॥੩॥
34369	804	ਮਨ ਤਨ ਨਿਰਮਲ ਪਾਪ ਜਲਿ ਖੀਨਾ॥		Man Than Niramal Paap Jal Kheenaa ||	The mind and body are made immaculate and pure, and sins are burnt to ashes.	ਉਹਨਾਂ ਮਨੁੱਖਾਂ ਦੇ ਮਨ, ਉਹਨਾਂ ਦੇ ਸਰੀਰ ਪਵਿੱਤਰ ਹੋ ਗਏ, ਉਹਨਾਂ ਦੇ ਸਾਰੇ ਪਾਪ ਸੜ ਕੇ ਸੁਆਹ ਹੋ ਗਏ,
34370	804	ਕਹੁ ਨਾਨਕ ਪ੍ਰਭ ਭਏ ਪ੍ਰਸੀਨਾ॥੪॥੭॥੧੨॥		Kahu Naanak Prabh Bheae Praseenaa ||4||7||12||	Says Nanak, God is pleased with me. ||4||7||12||	ਨਾਨਕ ਆਖਦਾ ਹੈ- (ਜਿਨ੍ਹਾਂ ਉਤੇ) ਪ੍ਰਭੂ ਜੀ ਪ੍ਰਸੰਨ ਹੋ ਗਏ ॥੪॥੭॥੧੨॥

34371	804	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34372	804	ਸਗਲ ਮਨੋਰਥ ਪਾਈਅਹਿ ਮੀਤਾ॥	ਪਾਈ-ਅਹਿ	Sagal Manorathh Paaeeahi Meethaa ||	All desires are fulfilled, O my friend,	ਹੇ ਮਿੱਤਰ! (ਪਰਮਾਤਮਾ ਨਾਲ ਜੁੜ ਕੇ) ਮਨ ਦੀਆਂ ਸਾਰੀਆਂ ਮੁਰਾਦਾਂ ਹਾਸਲ ਕਰ ਲਈਦੀਆਂ ਹਨ।
34373	805	ਚਰਨਕਮਲ ਸਿਉ ਲਾਈਐ ਚੀਤਾ॥੧॥		Charan Kamal Sio Laaeeai Cheethaa ||1||	Lovingly centering your consciousness on the Lord's Lotus Feet. ||1||	(ਤਾਂਤੇ) ਪਰਮਾਤਮਾ ਦੇ ਕਉਲ ਫੁੱਲ (ਵਰਗੇ ਕੋਮਲ) ਚਰਨਾਂ ਵਿਚ ਚਿੱਤ ਜੋੜਨਾ ਚਾਹੀਦਾ ਹੈ ॥੧॥
34374	805	ਹਉ ਬਲਿਹਾਰੀ ਜੋ ਪ੍ਰਭੂ ਧਿਆਵਤ॥		Ho Balihaaree Jo Prabhoo Dhhiaavath ||	I am a sacrifice to those who meditate on God.	ਹੇ ਭਾਈ! ਮੈਂ ਉਹਨਾਂ ਮਨੁੱਖਾਂ ਤੋਂ ਕੁਰਬਾਨ ਜਾਂਦਾ ਹਾਂ ਜਿਹੜੇ ਪ੍ਰਭੂ ਦਾ ਨਾਮ ਸਿਮਰਦੇ ਹਨ।
34375	805	ਜਲਨਿ ਬੁਝੈ ਹਰਿ ਹਰਿ ਗੁਨ ਗਾਵਤ॥੧॥ਰਹਾਉ॥	ਬੁਝੈ:ਪੋਲਾ ਬੋਲੋ	Jalan Bujhai Har Har Gun Gaavath ||1|| Rehaao ||	The fire of desire is quenched, singing the Glorious Praises of the Lord, Har, Har. ||1||Pause||	ਪ੍ਰਭੂ ਦੇ ਗੁਣ ਗਾਂਦਿਆਂ ਗਾਂਦਿਆਂ (ਮਾਇਆ ਦੀ ਤ੍ਰਿਸ਼ਨਾ ਅੱਗ ਦੀ) ਸੜਨ ਬੁੱਝ ਜਾਂਦੀ ਹੈ ॥੧॥ ਰਹਾਉ ॥
34376	805	ਸਫਲ ਜਨਮੁ ਹੋਵਤ ਵਡਭਾਗੀ॥		Safal Janam Hovath Vaddabhaagee ||	One's life become fruitful and rewarding, by great good fortune.	ਹੇ ਭਾਈ! ਉਹਨਾਂ ਵਡਭਾਗੀਆਂ ਦੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ,
34377	805	ਸਾਧਸੰਗਿ ਰਾਮਹਿ ਲਿਵ ਲਾਗੀ॥੨॥		Saadhhasang Raamehi Liv Laagee ||2||	In the Saadh Sangat, the Company of the Holy, enshrine love for the Lord. ||2||	ਗੁਰੂ ਦੀ ਸੰਗਤਿ ਵਿਚ ਟਿਕ ਕੇ ਜਿਨ੍ਹਾਂ ਮਨੁੱਖਾਂ ਦੀ ਸੁਰਤ ਪ੍ਰਭੂ ਵਿਚ ਜੁੜਦੀ ਹੈ ॥੨॥

34378	805	ਮਤਿ ਪਤਿ ਧਨੁ ਸੁਖ ਸਹਜ ਅਨੰਦਾ॥		Math Path Dhhan Sukh Sehaj Anandhaa ||	Wisdom, honor, wealth, peace and celestial bliss are attained,	ਹੇ ਭਾਈ! (ਸੁਰਤ ਪ੍ਰਭੂ ਵਿਚ ਜੋੜ ਕੇ ਲੋਕ ਪਰਲੋਕ ਵਿਚ) ਇੱਜ਼ਤ (ਮਿਲਦੀ ਹੈ), ਆਤਮਕ ਅਡੋਲਤਾ ਦੇ ਸੁਖ-ਆਨੰਦ ਦਾ ਧਨ ਪ੍ਰਾਪਤ ਹੁੰਦਾ ਹੈ।
34379	805	ਇਕ ਨਿਮਖ ਨ ਵਿਸਰਹੁ ਪਰਮਾਨੰਦਾ॥੩॥		Eik Nimakh N Visarahu Paramaanandhaa ||3||	If one does not forget the Lord of supreme bliss, even for an instant. ||3||	ਸਭ ਤੋਂ ਉੱਚੇ ਆਨੰਦ ਦੇ ਮਾਲਕ-ਪਰਮਾਤਮਾ ਦਾ ਨਾਮ ਅੱਖ ਝਮਕਣ ਜਿਤਨੇ ਸਮੇ ਲਈ ਭੀ ਨਾਹ ਭੁਲਾਵੇ! (ਨਾਮ ਦੀ ਬਰਕਤ ਨਾਲ) ਮਤਿ ਉੱਚੀ ਹੋ ਜਾਂਦੀ ਹੈ ॥੩॥
34380	805	ਹਰਿ ਦਰਸਨ ਕੀ ਮਨਿ ਪਿਆਸ ਘਨੇਰੀ॥		Har Dharasan Kee Man Piaas Ghanaeree ||	My mind is so very thirsty for the Blessed Vision of the Lord's Darshan.	ਹੇ ਹਰੀ! ਮੇਰੇ ਮਨ ਵਿਚ ਤੇਰਾ ਦਰਸਨ ਕਰਨ ਦੀ ਬੜੀ ਤਾਂਘ ਹੈ (ਮੇਰੀ ਇਹ ਤਾਂਘ ਪੂਰੀ ਕਰ)।
34381	805	ਭਨਤਿ ਨਾਨਕ ਸਰਣਿ ਪ੍ਰਭ ਤੇਰੀ॥੪॥੮॥੧੩॥		Bhanath Naanak Saran Prabh Thaeree ||4||8||13||	Prays Nanak, O God, I seek Your Sanctuary. ||4||8||13||	ਨਾਨਕ ਬੇਨਤੀ ਕਰਦਾ ਹੈ-ਹੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ ॥੪॥੮॥੧੩॥
34382	805	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

34383	805	ਮੋਹਿ ਨਿਰਗੁਨ ਸਭ ਗੁਣਹ ਬਿਹੂਨਾ॥		Mohi Niragun Sabh Guneh Bihoonaa ||	I am worthless, totally lacking all virtues.	ਹੇ ਭਾਈ! ਮੈਨੂੰ ਗੁਣ-ਹੀਨ ਨੂੰ ਸਾਰੇ ਗੁਣਾਂ ਤੋਂ ਸੱਖਣੇ ਨੂੰ-
34384	805	ਦਇਆ ਧਾਰਿ ਅਪੁਨਾ ਕਰਿ ਲੀਨਾ॥੧॥		Dhaeiaa Dhhaar Apunaa Kar Leenaa ||1||	Bless me with Your Mercy, and make me Your Own. ||1||	ਪ੍ਰਭੂ ਨੇ ਕਿਰਪਾ ਕਰ ਕੇ ਆਪਣਾ (ਦਾਸ) ਬਣਾ ਲਿਆ ॥੧॥
34385	805	ਮੇਰਾ ਮਨੁ ਤਨੁ ਹਰਿ ਗੋਪਾਲਿ ਸੁਹਾਇਆ॥		Maeraa Man Than Har Gopaal Suhaaeiaa ||	My mind and body are embellished by the Lord, the Lord of the World.	ਹੇ ਭਾਈ! ਗੋਪਾਲ-ਪ੍ਰਭੂ ਨੇ ਮੇਰਾ ਮਨ ਅਤੇ ਮੇਰਾ ਸਰੀਰ ਸੋਹਣਾ ਬਣਾ ਦਿੱਤਾ ਹੈ।
34386	805	ਕਰਿ ਕਿਰਪਾ ਪ੍ਰਭੁ ਘਰ ਮਹਿ ਆਇਆ॥੧॥ਰਹਾਉ ॥		Kar Kirapaa Prabh Ghar Mehi Aaeiaa ||1|| Rehaao ||	Granting His Mercy, God has come into the home of my heart. ||1||Pause||	ਮੇਹਰ ਕਰ ਕੇ ਪ੍ਰਭੂ ਮੇਰੇ ਹਿਰਦੇ-ਘਰ ਵਿਚ ਆ ਵੱਸਿਆ ਹੈ ॥੧॥ ਰਹਾਉ ॥
34387	805	ਭਗਤਿ ਵਛਲ ਭੈ ਕਾਟਨਹਾਰੇ॥		Bhagath Vashhal Bhai Kaattanehaarae ||	He is the Lover and Protector of His devotees, the Destroyer of fear.	ਹੇ ਭਗਤੀ ਨਾਲ ਪਿਆਰ ਕਰਨ ਵਾਲੇ ਪ੍ਰਭੂ! ਹੇ ਸਾਰੇ ਡਰ ਦੂਰ ਕਰਨ ਵਾਲੇ ਪ੍ਰਭੂ!
34388	805	ਸੰਸਾਰ ਸਾਗਰ ਅਬ ਉਤਰੇ ਪਾਰੇ॥੨॥		Sansaar Saagar Ab Outharae Paarae ||2||	Now, I have been carried across the world-ocean. ||2||	ਹੁਣ (ਜਦੋਂ ਤੂੰ ਮੇਰੇ ਹਿਰਦੇ-ਘਰ ਵਿਚ ਆ ਵੱਸਿਆ ਹੈਂ) ਮੈਂ (ਤੇਰੀ ਮੇਹਰ ਨਾਲ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ ਹਾਂ ॥੨॥

34389	805	ਪਤਿਤ ਪਾਵਨ ਪ੍ਰਭ ਬਿਰਦੁ ਬੇਦਿ ਲੇਖਿਆ॥		Pathith Paavan Prabh Biradh Baedh Laekhiaa ||	It is God's Way to purify sinners, say the Vedas.	ਹੇ ਭਾਈ! ਵੇਦ (ਆਦਿਕ ਹਰੇਕ ਧਰਮ-ਪੁਸਤਕ) ਨੇ ਜਿਸ ਪ੍ਰਭੂ ਦੀ ਬਾਬਤ ਲਿਖਿਆ ਹੈ ਕਿ ਉਹ ਵਿਕਾਰੀਆਂ ਨੂੰ ਭੀ ਪਵਿੱਤਰ ਕਰਨ ਵਾਲਾ ਹੈ,
34390	805	ਪਾਰਬ੍ਰਹਮੁ ਸੋ ਨੈਨਹੁ ਪੇਖਿਆ॥੩॥		Paarabreham So Nainahu Paekhiaa ||3||	I have seen the Supreme Lord with my eyes. ||3||	ਉਸ ਪ੍ਰਭੂ ਨੂੰ ਮੈਂ ਆਪਣੀਆਂ ਅੱਖਾਂ ਨਾਲ (ਹਰ ਥਾਂ ਵੱਸਦਾ) ਵੇਖ ਲਿਆ ਹੈ ॥੩॥
34391	805	ਸਾਧਸੰਗਿ ਪ੍ਰਗਟੇ ਨਾਰਾਇਣ॥		Saadhhasang Pragattae Naaraaein ||	In the Saadh Sangat, the Company of the Holy, the Lord becomes manifest.	ਗੁਰੂ ਦੀ ਸੰਗਤਿ ਵਿਚ ਟਿਕਿਆਂ ਪਰਮਾਤਮਾ ਜਿਸ ਮਨੁੱਖ ਦੇ ਹਿਰਦੇ ਵਿਚ ਪਰਗਟ ਹੋ ਜਾਂਦਾ ਹੈ,
34392	805	ਨਾਨਕ ਦਾਸ ਸਭਿ ਦੂਖ ਪਲਾਇਣ॥੪॥੯॥੧੪॥		Naanak Dhaas Sabh Dhookh Palaaein ||4||9||14||	O slave Nanak, all pains are relieved. ||4||9||14||	ਹੇ ਦਾਸ ਨਾਨਕ! (ਆਖ-) ਉਸ ਦੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ ॥੪॥੯॥੧੪॥
34393	805	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34394	805	ਕਵਨੁ ਜਾਨੈ ਪ੍ਰਭ ਤੁਮ੍ਰੀ ਸੇਵਾ॥		Kavan Jaanai Prabh Thumharee Saevaa ||	Who can know the value of serving You, God?	(ਆਪਣੀ ਅਕਲ ਦੇ ਬਲ) ਕੋਈ ਮਨੁੱਖ ਤੇਰੀ ਸੇਵਾ-ਭਗਤੀ ਕਰਨੀ ਨਹੀਂ ਜਾਣਦਾ,

34395	805	ਪ੍ਰਭ ਅਵਿਨਾਸੀ ਅਲਖ ਅਭੇਵਾ॥੧॥	ਅ-ਲਖ	Prabh Avinaasee Alakh Abhaevaa ||1||	God is imperishable, invisible and incomprehensible. ||1||	ਹੇ ਨਾਸ-ਰਹਿਤ ਪ੍ਰਭੂ! ਹੇ ਅਦ੍ਰਿਸ਼ਟ ਪ੍ਰਭੂ! ਹੇ ਅਭੇਵ ਪ੍ਰਭੂ! (ਇਹ ਜਾਚ ਤੇਰੀ ਕ੍ਰਿਪਾ ਦੁਆਰਾ ਹੀ ਆ ਸਕਦੀ ਹੈ) ॥੧॥
34396	805	ਗੁਣ ਬੇਅੰਤ ਪ੍ਰਭ ਗਹਿਰ ਗੰਭੀਰੇ॥		Gun Baeanth Prabh Gehir Ganbheerae ||	His Glorious Virtues are infinite; God is profound and unfathomable.	ਹੇ ਡੂੰਘੇ ਪ੍ਰਭੂ! ਹੇ ਵੱਡੇ ਜਿਗਰੇ ਵਾਲੇ ਪ੍ਰਭੂ! ਤੂੰ ਬੇਅੰਤ ਗੁਣਾਂ ਦਾ ਮਾਲਕ ਹੈਂ।
34397	805	ਊਚ ਮਹਲ ਸੁਆਮੀ ਪ੍ਰਭ ਮੇਰੇ॥		Ooch Mehal Suaamee Prabh Maerae ||	The Mansion of God, my Lord and Master, is lofty and high.	ਹੇ ਮੇਰੇ ਮਾਲਕ ਪ੍ਰਭੂ! ਜਿਨ੍ਹਾਂ ਆਤਮਕ ਮੰਡਲਾਂ ਵਿਚ ਤੂੰ ਰਹਿੰਦਾ ਹੈਂ ਉਹ ਬਹੁਤ ਉੱਚੇ ਹਨ।
34398	805	ਤੂ ਅਪਰੰਪਰ ਠਾਕੁਰ ਮੇਰੇ॥੧॥ਰਹਾਉ॥	ਅਪ-ਰੰਪਰ	Thoo Aparanpar Thaakur Maerae ||1|| Rehaao ||	You are unlimited, O my Lord and Master. ||1||Pause||	ਹੇ ਮੇਰੇ ਠਾਕੁਰ! ਤੂੰ ਪਰੇ ਤੋਂ ਪਰੇ ਹੈਂ ॥੧॥ ਰਹਾਉ ॥
34399	805	ਏਕਸ ਬਿਨੁ ਨਾਹੀ ਕੋ ਦੂਜਾ॥		Eaekas Bin Naahee Ko Dhoojaa ||	There is no other than the One Lord.	ਹੇ ਪ੍ਰਭੂ! ਤੈਥੋਂ ਇੱਕ ਤੋਂ ਬਿਨਾ (ਤੇਰੇ ਵਰਗਾ) ਹੋਰ ਕੋਈ ਨਹੀਂ ਹੈ।
34400	805	ਤੁਮ੍ ਹੀ ਜਾਨਹੁ ਅਪਨੀ ਪੂਜਾ॥੨॥	ਪੂਜਾ:ਪੋਲਾ ਬੋਲੋ	Thumh Hee Jaanahu Apanee Poojaa ||2||	You alone know Your worship and adoration. ||2||	ਆਪਣੀ ਭਗਤੀ (ਕਰਨ ਦਾ ਢੰਗ) ਤੂੰ ਆਪ ਹੀ ਜਾਣਦਾ ਹੈਂ ॥੨॥
34401	805	ਆਪਹੁ ਕਛੂ ਨ ਹੋਵਤ ਭਾਈ॥		Aapahu Kashhoo N Hovath Bhaaee ||	No one can do anything by himself, O Siblings of Destiny.	ਹੇ ਭਾਈ! (ਜੀਵਾਂ ਪਾਸੋਂ) ਆਪਣੇ ਬਲ ਨਾਲ (ਪ੍ਰਭੂ ਦੀ ਭਗਤੀ) ਰਤਾ ਭਰ ਭੀ ਨਹੀਂ ਹੋ ਸਕਦੀ।

34402	805	ਜਿਸੁ ਪ੍ਰਭੁ ਦੇਵੈ ਸੋ ਨਾਮੁ ਪਾਈ॥੩॥		Jis Prabh Dhaevai So Naam Paaee ||3||	He alone obtains the Naam, the Name of the Lord, unto whom God bestows it. ||3||	ਉਹੀ ਮਨੁੱਖ ਹਰਿ-ਨਾਮ ਦੀ ਦਾਤ ਹਾਸਲ ਕਰਦਾ ਹੈ ਜਿਸ ਨੂੰ ਪ੍ਰਭੂ (ਆਪ) ਦੇਂਦਾ ਹੈ ॥੩॥
34403	805	ਕਹੁ ਨਾਨਕ ਜੋ ਜਨੁ ਪ੍ਰਭ ਭਾਇਆ॥		Kahu Naanak Jo Jan Prabh Bhaaeiaa ||	Says Nanak, that humble being who pleases God,	ਨਾਨਕ ਆਖਦਾ ਹੈ- ਜੇਹੜਾ ਮਨੁੱਖ ਪਰਮਾਤਮਾ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ,
34404	805	ਗੁਣ ਨਿਧਾਨ ਪ੍ਰਭੁ ਤਿਨ ਹੀ ਪਾਇਆ॥੪॥੧੦॥੧੫॥		Gun Nidhhaan Prabh Thin Hee Paaeiaa ||4||10||15||	He alone finds God, the treasure of virtue. ||4||10||15||	ਉਸੇ ਨੇ ਹੀ ਗੁਣਾਂ ਦੇ ਖ਼ਜ਼ਾਨੇ ਪ੍ਰਭੂ (ਦਾ ਮਿਲਾਪ) ਪ੍ਰਾਪਤ ਕੀਤਾ ਹੈ ॥੪॥੧੦॥੧੫॥
34405	805	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34406	805	ਮਾਤ ਗਰਭ ਮਹਿ ਹਾਥ ਦੇ ਰਾਖਿਆ॥		Maath Garabh Mehi Haathh Dhae Raakhiaa ||	Extending His Hand, the Lord protected you in your mother's womb.	(ਹੇ ਮੂਰਖ! ਜਿਸ ਪ੍ਰਭੂ ਨੇ ਤੈਨੂੰ) ਮਾਂ ਦੇ ਪੇਟ ਵਿਚ (ਆਪਣਾ) ਹੱਥ ਦੇ ਕੇ ਬਚਾਇਆ ਸੀ,
34407	805	ਹਰਿ ਰਸੁ ਛੋਡਿ ਬਿਖਿਆ ਫਲੁ ਚਾਖਿਆ॥੧॥		Har Ras Shhodd Bikhiaa Fal Chaakhiaa ||1||	Renouncing the sublime essence of the Lord, you have tasted the fruit of poison. ||1||	ਉਸ ਦੇ ਨਾਮ ਦਾ ਆਨੰਦ ਭੁਲਾ ਕੇ ਤੂੰ ਮਾਇਆ ਦਾ ਫਲ ਚੱਖ ਰਿਹਾ ਹੈਂ ॥੧॥

34408	805	ਭਜੁ ਗੋਬਿੰਦ ਸਭ ਛੋਡਿ ਜੰਜਾਲ ॥		Bhaj Gobidh Sabh Shhodd Janjaal ||	Meditate, vibrate on the Lord of the Universe, and renounce all entanglements.	ਹੇ ਮੂਰਖ (ਮਨੁੱਖ)! ਮੋਹ ਦੀਆਂ ਸਾਰੀਆਂ ਤਣਾਵਾਂ ਛੱਡ ਕੇ ਪਰਮਾਤਮਾ ਦਾ ਨਾਮ ਜਪਿਆ ਕਰ।
34409	805	ਜਬ ਜਮੁ ਆਇ ਸੰਘਾਰੈ ਮੂੜੇ ਤਬ ਤਨੁ ਬਿਨਸਿ ਜਾਇ ਬੇਹਾਲ॥੧॥ਰਹਾਉ॥		Jab Jam Aae Sanghaarai Moorrae Thab Than Binas Jaae Baehaal ||1|| Rehaao ||	When the Messenger of Death comes to murder you, O fool, then your body will be shattered and helplessly crumble. ||1||Pause||	ਜਿਸ ਵੇਲੇ ਜਮਦੂਤ ਆ ਕੇ ਮਾਰੂ ਹੱਲਾ ਕਰਦਾ ਹੈ, ਉਸ ਵੇਲੇ ਸਰੀਰ ਦੁੱਖ ਸਹਾਰ ਕੇ ਨਾਸ ਹੋ ਜਾਂਦਾ ਹੈ ॥੧॥ ਰਹਾਉ ॥
34410	805	ਤਨੁ ਮਨੁ ਧਨੁ ਅਪਨਾ ਕਰਿ ਥਾਪਿਆ॥		Than Man Dhhan Apanaa Kar Thhaapiaa ||	You hold onto your body, mind and wealth as your own,	(ਹੇ ਮੂਰਖ!) ਤੂੰ ਇਸ ਸਰੀਰ ਨੂੰ, ਇਸ ਧਨ ਨੂੰ ਆਪਣਾ ਮੰਨੀ ਬੈਠਾ ਹੈਂ,
34411	805	ਕਰਨਹਾਰੁ ਇਕ ਨਿਮਖ ਨ ਜਾਪਿਆ॥੨॥		Karanehaar Eik Nimakh N Jaapiaa ||2||	And you do not meditate on the Creator Lord, even for an instant. ||2||	ਪਰ ਜਿਸ ਪ੍ਰਭੂ ਨੇ ਇਹਨਾਂ ਨੂੰ ਪੈਦਾ ਕੀਤਾ ਹੈ, ਉਸ ਨੂੰ ਤੂੰ ਪਲ ਭਰ ਭੀ ਨਹੀਂ ਸਿਮਰਿਆ ॥੨॥
34412	805	ਮਹਾ ਮੋਹ ਅੰਧ ਕੂਪ ਪਰਿਆ॥		Mehaa Moh Andhh Koop Pariaa ||	You have fallen into the deep, dark pit of great attachment.	(ਹੇ ਮੂਰਖ!) ਤੂੰ ਮੋਹ ਦੇ ਬੜੇ ਘੁੱਪ ਹਨੇਰੇ ਖੂਹ ਵਿਚ ਡਿੱਗਾ ਪਿਆ ਹੈਂ,

34413	805	ਪਾਰਬ੍ਰਹਮੁ ਮਾਇਆ ਪਟਲਿ ਬਿਸਰਿਆ॥੩॥	(ਪਟਲਿ)ਪੜਦੇ ਕਰਕੇ।ਪਟਲਿ:ਪੋਲਾ ਬੋਲੋ	Paarabreham Maaeiaa Pattal Bisariaa ||3||	Caught in the illusion of Maya, you have forgotten the Supreme Lord. ||3||	ਮਾਇਆ (ਦੇ ਮੋਹ) ਦੇ ਪਰਦੇ ਦੇ ਓਹਲੇ ਤੈਨੂੰ ਪਰਮਾਤਮਾ ਭੁੱਲ ਚੁਕਾ ਹੈ ॥੩॥
34414	805	ਵਡੈਭਾਗਿ ਪ੍ਰਭ ਕੀਰਤਨੁ ਗਾਇਆ॥		Vaddai Bhaag Prabh Keerathan Gaaeiaa ||	By great good fortune, one sings the Kirtan of God's Praises.	ਜਿਸ ਮਨੁੱਖ ਨੇ ਵੱਡੀ ਕਿਸਮਤ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਣਾ ਸ਼ੁਰੂ ਕਰ ਦਿੱਤਾ,
34415	805	ਸੰਤਸੰਗਿ ਨਾਨਕ ਪ੍ਰਭੁ ਪਾਇਆ॥੪॥੧੧॥੧੬॥		Santhasang Naanak Prabh Paaeiaa ||4||11||16||	In the Society of the Saints, Nanak has found God. ||4||11||16||	ਹੇ ਨਾਨਕ! ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ ਉਸ ਨੇ ਪ੍ਰਭੂ (ਦਾ ਮਿਲਾਪ) ਹਾਸਲ ਕਰ ਲਿਆ ॥੪॥੧੧॥੧੬॥
34416	805	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34417	805	ਮਾਤ ਪਿਤਾ ਸੁਤ ਬੰਧਪ ਭਾਈ॥		Maath Pithaa Suth Bandhhap Bhaaee ||	Mother, father, children, relatives and siblings	ਹੇ ਭਾਈ! ਮਾਂ, ਪਿਉ, ਪੁੱਤਰ, ਰਿਸ਼ਤੇਦਾਰ, ਭਰਾ-
34418	805	ਨਾਨਕ ਹੋਆ ਪਾਰਬ੍ਰਹਮੁ ਸਹਾਈ॥੧॥		Naanak Hoaa Paarabreham Sehaaee ||1||	- O Nanak, the Supreme Lord is our help and support. ||1||	(ਇਹਨਾਂ ਸਭਨਾਂ ਵਾਂਗ) ਪਰਮਾਤਮਾ ਹੀ ਨਾਨਕ ਦਾ ਮਦਦਗਾਰ ਬਣਿਆ ਹੋਇਆ ਹੈ ॥੧॥
34419	805	ਸੂਖ ਸਹਜ ਆਨੰਦ ਘਣੇ॥		Sookh Sehaj Aanandh Ghanae ||	He blesses us with peace, and abundant celestial bliss.	ਹੇ ਭਾਈ! (ਉਸ ਗੁਰੂ ਦੀ ਸਰਨ ਪਿਆਂ) ਆਤਮਕ ਅਡੋਲਤਾ ਦੇ ਅਨੇਕਾਂ ਸੁਖ ਆਨੰਦ ਮਿਲ ਜਾਂਦੇ ਹਨ,

34420	805	ਗੁਰੁ ਪੂਰਾ ਪੂਰੀ ਜਾ ਕੀ ਬਾਣੀ ਅਨਿਕ ਗੁਣਾ ਜਾ ਕੇ ਜਾਹਿ ਨ ਗਣੇ॥੧॥ਰਹਾਉ॥		Gur Pooraa Pooree Jaa Kee Baanee Anik Gunaa Jaa Kae Jaahi N Ganae ||1|| Rehaao ||	Perfect is the Bani, the Word of the Perfect Guru. His Virtues are so many, they cannot be counted. ||1||Pause||	ਜੇਹੜਾ ਗੁਰੂ (ਸਭ ਗੁਣਾਂ ਨਾਲ) ਭਰਪੂਰ ਹੈ, ਜਿਸ ਗੁਰੂ ਦੀ ਬਾਣੀ (ਆਤਮਕ ਆਨੰਦ ਨਾਲ) ਭਰਪੂਰ ਹੈ, ਜਿਸ ਗੁਰੂ ਦੇ ਅਨੇਕਾਂ ਹੀ ਗੁਣ ਹਨ ਜੋ ਗਿਣਨ-ਗੋਚਰੇ ਨਹੀਂ ॥੧॥ ਰਹਾਉ ॥
34421	805	ਸਗਲ ਸਰੰਜਾਮ ਕਰੇ ਪ੍ਰਭੁ ਆਪੇ॥		Sagal Saranjaam Karae Prabh Aapae ||	God Himself makes all arrangements.	ਹੇ ਭਾਈ! ਪ੍ਰਭੂ ਆਪ ਹੀ (ਸਰਨ ਪਏ ਮਨੁੱਖ ਦੇ) ਸਾਰੇ ਕੰਮ ਸਿਰੇ ਚਾੜ੍ਹਨ ਦੇ ਪ੍ਰਬੰਧ ਕਰਦਾ ਹੈ,
34422	805	ਭਏ ਮਨੋਰਥ ਸੋ ਪ੍ਰਭੁ ਜਾਪੇ॥੨॥		Bheae Manorathh So Prabh Jaapae ||2||	Meditating on God, desires are fulfilled. ||2||	ਉਸ ਪ੍ਰਭੂ ਦਾ ਨਾਮ ਜਪਿਆਂ ਮਨ ਦੀਆਂ ਸਾਰੀਆਂ ਕਾਮਨਾਂ ਪੂਰੀਆਂ ਹੋ ਜਾਂਦੀਆਂ ਹਨ ॥੨॥
34423	805	ਅਰਥ ਧਰਮ ਕਾਮ ਮੋਖ ਕਾ ਦਾਤਾ॥		Arathh Dhharam Kaam Mokh Kaa Dhaathaa ||	He is the Giver of wealth, Dharmic faith, pleasure and liberation.	ਹੇ ਭਾਈ! (ਦੁਨੀਆ ਦੇ ਪ੍ਰਸਿੱਧ ਮੰਨੇ ਹੋਏ ਚਾਰ ਪਦਾਰਥਾਂ) ਧਰਮ ਅਰਥ ਕਾਮ ਮੋਖ ਦਾ ਦੇਣ ਵਾਲਾ ਪਰਮਾਤਮਾ ਆਪ ਹੀ ਹੈ।
34424	806	ਪੂਰੀ ਭਈ ਸਿਮਰਿ ਸਿਮਰਿ ਬਿਧਾਤਾ॥੩॥		Pooree Bhee Simar Simar Bidhhaathaa ||3||	Meditating, meditating in remembrance on the Creator Lord, the Architect of Destiny, I am fulfilled. ||3||	ਉਸ ਸਿਰਜਣਹਾਰ ਪ੍ਰਭੂ ਦਾ ਨਾਮ ਸਿਮਰ ਸਿਮਰ ਕੇ (ਸਿਮਰਨ ਦੀ) ਘਾਲ-ਕਮਾਈ ਸਫਲ ਹੋ ਜਾਂਦੀ ਹੈ ॥੩॥

34425	806	ਸਾਧਸੰਗਿ ਨਾਨਕਿ ਰੰਗੁ ਮਾਣਿਆ॥		Saadhhasang Naanak Rang Maaniaa ||	In the Saadh Sangat, the Company of the Holy, Nanak enjoys the Lord's Love.	ਹੇ ਭਾਈ! ਨਾਨਕ ਨੇ (ਤਾਂ) ਗੁਰੂ ਦੀ ਸੰਗਤਿ ਵਿਚ ਰਹਿ ਕੇ ਆਤਮਕ ਆਨੰਦ ਮਾਣਿਆ ਹੈ,
34426	806	ਘਰਿ ਆਇਆ ਪੂਰੈ ਗੁਰਿ ਆਣਿਆ॥੪॥੧੨॥੧੭॥		Ghar Aaeiaa Poorai Gur Aaniaa ||4||12||17||	He has returned home, with the Perfect Guru. ||4||12||17||	(ਗੁਰੂ ਦੀ ਕਿਰਪਾ ਨਾਲ) ਪਰਮਾਤਮਾ (ਨਾਨਕ ਦੇ) ਹਿਰਦੇ ਵਿਚ ਆ ਵੱਸਿਆ ਹੈ, ਪੂਰੇ ਗੁਰੂ ਨੇ ਲਿਆ ਕੇ ਵਸਾ ਦਿੱਤਾ ਹੈ ॥੪॥੧੨॥੧੭॥
34427	806	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34428	806	ਸ੍ਰਬ ਨਿਧਾਨ ਪੂਰਨ ਗੁਰਦੇਵ॥੧॥ਰਹਾਉ॥		Srab Nidhhaan Pooran Guradhaev ||1|| Rehaao ||	All treasures come from the Perfect Divine Guru. ||1||Pause||	ਹੇ ਭਾਈ! ਪੂਰੇ ਗੁਰੂ ਦੀ ਸਰਨ ਪਿਆਂ ਸਾਰੇ ਖ਼ਜ਼ਾਨਿਆਂ ਦਾ ਮਾਲਕ ਪ੍ਰਭੂ ਮਿਲ ਪੈਂਦਾ ਹੈ ॥੧॥ ਰਹਾਉ ॥
34429	806	ਹਰਿ ਹਰਿ ਨਾਮੁ ਜਪਤ ਨਰ ਜੀਵੇ॥		Har Har Naam Japath Nar Jeevae ||	Chanting the Name of the Lord, Har, Har, the man lives.	(ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਜਪਣ ਨਾਲ ਮਨੁੱਖ ਆਤਮਕ ਜੀਵਨ ਲੱਭ ਲੈਂਦੇ ਹਨ।
34430	806	ਮਰਿ ਖੁਆਰੁ ਸਾਕਤ ਨਰ ਥੀਵੇ॥੧॥		Mar Khuaar Saakath Nar Thheevae ||1||	The faithless cynic dies in shame and misery. ||1||	ਪਰ ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਆਤਮਕ ਮੌਤ ਸਹੇੜ ਕੇ ਦੁਖੀ ਹੁੰਦੇ ਹਨ ॥੧॥

34431	806	ਰਾਮ ਨਾਮੁ ਹੋਆ ਰਖਵਾਰਾ॥		Raam Naam Hoaa Rakhavaaraa ||	The Name of the Lord has become my Protector.	(ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਜਪਦਾ ਹੈ) ਹਰਿ-ਨਾਮ (ਹਰ ਥਾਂ ਉਸ ਦਾ) ਰਾਖਾ ਬਣਦਾ ਹੈ।
34432	806	ਝਖ ਮਾਰਉ ਸਾਕਤੁ ਵੇਚਾਰਾ॥੨॥		Jhakh Maaro Saakath Vaechaaraa ||2||	The wretched, faithless cynic makes only useless efforts. ||2||	ਪਰਮਾਤਮਾ ਨਾਲੋਂ ਟੁੱਟਾ ਹੋਇਆ ਮਨੁੱਖ ਵਿਚਾਰਾ (ਉਸ ਦੀ ਨਿੰਦਾ ਆਦਿਕ ਕਰਨ ਵਾਸਤੇ) ਪਿਆ ਝਖਾਂ ਮਾਰੇ (ਉਸ ਦਾ ਕੁਝ ਵਿਗਾੜ ਨਹੀਂ ਸਕਦਾ) ॥੨॥
34433	806	ਨਿੰਦਾ ਕਰਿ ਕਰਿ ਪਚਹਿ ਘਨੇਰੇ॥		Nindhaa Kar Kar Pachehi Ghanaerae ||	Spreading slander, many have been ruined.	ਅਨੇਕਾਂ ਬੰਦੇ (ਹਰਿ-ਨਾਮ ਸਿਮਰਨ ਵਾਲੇ ਮਨੁੱਖ ਦੀ) ਨਿੰਦਾ ਕਰ ਕਰ ਕੇ (ਸਗੋਂ) ਖਿੱਝਦੇ (ਹੀ) ਹਨ।
34434	806	ਮਿਰਤਕ ਫਾਸ ਗਲੈ ਸਿਰਿ ਪੈਰੇ॥੩॥	(ਮਿਰਤਕ)ਮੌਤ ਦੀ(ਫਾਸ)ਫਾਹੀ ਪੈਂਦੀ ਹੈ ਸਿਰਿ ਤੋਂ ਪੈਰਾਂ ਤੱਕ	Mirathak Faas Galai Sir Pairae ||3||	Their necks, heads and feet are tied by death's noose. ||3||	(ਆਤਮਕ) ਮੌਤ ਦੀ ਫਾਹੀ ਉਹਨਾਂ ਦੇ ਗਲ ਵਿਚ ਉਹਨਾਂ ਦੇ ਪੈਰਾਂ ਵਿਚ ਪਈ ਰਹਿੰਦੀ ਹੈ, ਆਤਮਕ ਮੌਤ ਉਹਨਾਂ ਦੇ ਸਿਰ ਉਤੇ ਸਵਾਰ ਰਹਿੰਦੀ ਹੈ ॥੩॥
34435	806	ਕਹੁ ਨਾਨਕ ਜਪਹਿ ਜਨ ਨਾਮ॥		Kahu Naanak Japehi Jan Naam ||	Says Nanak, the humble devotees chant the Naam, the Name of the Lord.	ਹੇ ਨਾਨਕ! (ਬੇ-ਸ਼ੱਕ) ਆਖ- ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਜਪਦੇ ਹਨ,

34436	806	ਤਾ ਕੇ ਨਿਕਟਿ ਨ ਆਵੈ ਜਾਮ॥੪॥੧੩॥੧੮॥		Thaa Kae Nikatt N Aavai Jaam ||4||13||18||	The Messenger of Death does not even approach them. ||4||13||18||	ਜਮ ਭੀ ਉਹਨਾਂ ਦੇ ਨੇੜੇ ਨਹੀਂ ਢੁਕ ਸਕਦਾ ॥੪॥੧੩॥੧੮॥
34437	806	ਰਾਗੁ ਬਿਲਾਵਲੁ ਮਹਲਾ ੫ ਘਰੁ ੪ ਦੁਪਦੇ		Raag Bilaaval Mehalaa 5 Ghar 4 Dhupadhae	Raag Bilaaval, Fifth Mehl, Fourth House, Du-Padas:	ਰਾਗ ਬਿਲਾਵਲੁ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
34438	806	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
34439	806	ਕਵਨ ਸੰਜੋਗ ਮਿਲਉ ਪ੍ਰਭ ਅਪਨੇ॥		Kavan Sanjog Milo Prabh Apanae ||	What blessed destiny will lead me to meet my God?	ਹੇ ਭਾਈ! ਉਹ ਕੇਹੜੇ ਮੁਹੂਰਤ ਹਨ ਜਦੋਂ ਮੈਂ ਆਪਣੇ ਪ੍ਰਭੂ ਨੂੰ ਮਿਲ ਸਕਾਂ?
34440	806	ਪਲੁ ਪਲੁ ਨਿਮਖ ਸਦਾ ਹਰਿ ਜਪਨੇ॥੧॥		Pal Pal Nimakh Sadhaa Har Japanae ||1||	Each and every moment and instant, I continually meditate on the Lord. ||1||	(ਉਹ ਲਗਨ ਮੁਹੂਰਤ ਤਾਂ ਹਰ ਵੇਲੇ ਹੀ ਹਨ) ਇਕ ਇਕ ਪਲ, ਅੱਖ ਝਮਕਣ ਜਿਤਨਾ ਸਮਾ ਭਰ ਭੀ ਸਦਾ ਹੀ ਹਰਿ-ਨਾਮ ਜਪਣ ਨਾਲ (ਪਰਮਾਤਮਾ ਨਾਲ ਮਿਲਾਪ ਹੋ ਸਕਦਾ ਹੈ) ॥੧॥

34441	806	ਚਰਨਕਮਲ ਪ੍ਰਭ ਕੇ ਨਿਤ ਧਿਆਵਉ॥		Charan Kamal Prabh Kae Nith Dhhiaavo ||	I meditate continually on the Lotus Feet of God.	ਹੇ ਭਾਈ! (ਉਹ ਕੇਹੜੀ ਸੁਮਤਿ ਹੈ ਜਿਸ ਦੀ ਰਾਹੀਂ) ਮੈਂ ਪਰਮਾਤਮਾ ਦੇ ਸੋਹਣੇ ਚਰਨਾਂ ਦਾ ਹਰ ਵੇਲੇ ਧਿਆਨ ਧਰਦਾ ਰਹਾਂ?
34442	806	ਕਵਨ ਸੁਮਤਿ ਜਿਤੁ ਪ੍ਰੀਤਮੁ ਪਾਵਉ॥੧॥ਰਹਾਉ॥	ਸੁ-ਮੱਤਿ	Kavan S Math Jith Preetham Paavo ||1|| Rehaao ||	What wisdom will lead me to attain my Beloved? ||1||Pause||	ਉਹ ਕੇਹੜੀ ਸੁਚੱਜੀ ਮਤਿ ਹੈ ਜਿਸ ਦੀ ਬਰਕਤ ਨਾਲ ਮੈਂ ਆਪਣੇ ਪਿਆਰੇ ਪ੍ਰਭੂ ਨੂੰ ਮਿਲ ਸਕਾਂ? ॥੧॥ ਰਹਾਉ ॥
34443	806	ਐਸੀ ਕ੍ਰਿਪਾ ਕਰਹੁ ਪ੍ਰਭ ਮੇਰੇ॥		Aisee Kirapaa Karahu Prabh Maerae ||	Please, bless me with such Mercy, O my God,	(ਪਰ, ਪ੍ਰਭੂ ਦੀ ਆਪਣੀ ਹੀ ਮੇਹਰ ਹੋਵੇ, ਤਾਂ ਹੀ ਸਿਮਰਨ ਹੋ ਸਕਦਾ ਹੈ। ਇਸ ਵਾਸਤੇ ਉਸ ਦੇ ਦਰ ਤੇ ਸਦਾ ਅਰਦਾਸ ਕਰੀਏ-) ਹੇ ਮੇਰੇ ਪ੍ਰਭੂ! (ਮੇਰੇ ਉਤੇ) ਇਹੋ ਜਿਹੀ ਮੇਹਰ ਕਰ,
34444	806	ਹਰਿ ਨਾਨਕ ਬਿਸਰੁ ਨ ਕਾਹੂ ਬੇਰੇ॥੨॥੧॥੧੯॥		Har Naanak Bisar N Kaahoo Baerae ||2||1||19||	That Nanak may never, ever forget You. ||2||1||19||	ਕਿ, ਹੇ ਹਰੀ! ਮੈਨੂੰ ਨਾਨਕ ਨੂੰ ਤੇਰਾ ਨਾਮ ਕਦੇ ਭੀ ਨਾਹ ਭੁੱਲੇ ॥੨॥੧॥੧੯॥
34445	806	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

34446	806	ਚਰਨਕਮਲ ਪ੍ਰਭ ਹਿਰਦੈ ਧਿਆਏ॥		Charan Kamal Prabh Hiradhai Dhhiaaeae ||	Within my heart, I meditate on the Lotus Feet of God.	(ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਨੇ ਆਪਣੇ) ਹਿਰਦੇ ਵਿਚ ਪ੍ਰਭੂ ਦੇ ਸੋਹਣੇ ਚਰਨਾਂ ਦਾ ਧਿਆਨ ਧਰਨਾ ਸ਼ੁਰੂ ਕਰ ਦਿੱਤਾ,
34447	806	ਰੋਗ ਗਏ ਸਗਲੇ ਸੁਖ ਪਾਏ॥੧॥		Rog Geae Sagalae Sukh Paaeae ||1||	Disease is gone, and I have found total peace. ||1||	ਉਸ ਦੇ ਸਾਰੇ ਰੋਗ ਦੂਰ ਹੋ ਗਏ, ਉਸ ਨੇ ਸਾਰੇ ਸੁਖ ਪ੍ਰਾਪਤ ਕਰ ਲਏ ॥੧॥
34448	806	ਗੁਰਿ ਦੁਖੁ ਕਾਟਿਆ ਦੀਨੋ ਦਾਨੁ॥		Gur Dhukh Kaattiaa Dheeno Dhaan ||	The Guru relieved my sufferings, and blessed me with the gift.	ਹੇ ਭਾਈ! ਗੁਰੂ ਨੇ (ਜਿਸ ਮਨੁੱਖ ਨੂੰ ਪਰਮਾਤਮਾ ਦੇ ਨਾਮ ਦੀ) ਦਾਤ ਦੇ ਦਿੱਤੀ, ਉਸ ਦਾ ਸਾਰਾ ਦੁੱਖ ਭੀ ਗੁਰੂ ਨੇ ਦੂਰ ਕਰ ਦਿੱਤਾ।
34449	806	ਸਫਲ ਜਨਮੁ ਜੀਵਨ ਪਰਵਾਨੁ॥੧॥ਰਹਾਉ ॥		Safal Janam Jeevan Paravaan ||1|| Rehaao ||	My birth has been rendered fruitful, and my life is approved. ||1||Pause||	ਉਸ ਮਨੁੱਖ ਦੀ ਜ਼ਿੰਦਗੀ ਕਾਮਯਾਬ ਹੋ ਗਈ, (ਲੋਕ ਪਰਲੋਕ ਵਿਚ) ਉਸ ਦਾ ਜੀਵਨ ਕਬੂਲ ਹੋ ਗਿਆ ॥੧॥ ਰਹਾਉ ॥
34450	806	ਅਕਥ ਕਥਾ ਅੰਮ੍ਰਿਤ ਪ੍ਰਭ ਬਾਨੀ॥	(ਅ-ਕਥ)ਕਥਾ ਬਾਨੀ।ਅਕਥ:ਪੋਲਾ ਬੋਲੋ	Akathh Kathhaa Anmrith Prabh Baanee ||	The Ambrosial Bani of God's Word is the Unspoken Speech.	ਬੇਅੰਤ ਗੁਣਾਂ ਦੇ ਮਾਲਕ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ ਬਾਣੀ ਆਤਮਕ ਜੀਵਨ ਦੇਣ ਵਾਲੀ ਹੈ।
34451	806	ਕਹੁ ਨਾਨਕ ਜਪਿ ਜੀਵੇ ਗਿਆਨੀ॥੨॥੨॥੨੦॥		Kahu Naanak Jap Jeevae Giaanee ||2||2||20||	Says Nanak, the spiritually wise live by meditating on God. ||2||2||20||	ਨਾਨਕ ਆਖਦਾ ਹੈ- ਪ੍ਰਭੂ ਨਾਲ ਡੂੰਘੀ ਜਾਣ-ਪਛਾਣ ਵਾਲਾ ਮਨੁੱਖ ਪ੍ਰਭੂ ਦੇ ਗੁਣਾਂ ਨੂੰ ਚੇਤੇ ਕਰ ਕਰ ਕੇ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ ॥੨॥੨॥੨੦॥

34452	806	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34453	806	ਸਾਂਤਿ ਪਾਈ ਗੁਰਿ ਸਤਿਗੁਰਿ ਪੂਰੇ॥		Saanth Paaee Gur Sathigur Poorae ||	The Guru, the Perfect True Guru, has blessed me with peace and tranquility.	ਹੇ ਭਾਈ! ਪੂਰੇ ਗੁਰੂ ਨੇ, ਸਤਿਗੁਰੂ ਨੇ (ਹਰਿ-ਨਾਮ ਦੀ ਦਾਤ ਦੇ ਕੇ ਜਿਸ ਮਨੁੱਖ ਦੇ ਹਿਰਦੇ ਵਿਚ) ਠੰਡ ਵਰਤਾ ਦਿੱਤੀ,
34454	806	ਸੁਖ ਉਪਜੇ ਬਾਜੇ ਅਨਹਦ ਤੂਰੇ॥੧॥ਰਹਾਉ॥		Sukh Oupajae Baajae Anehadh Thoorae ||1|| Rehaao ||	Peace and joy have welled up, and the mystical trumpets of the unstruck sound current vibrate. ||1||Pause||	ਉਸ ਦੇ ਅੰਦਰ ਸਾਰੇ ਸੁਖ ਪੈਦਾ ਹੋ ਗਏ (ਮਾਨੋ, ਉਸ ਦੇ ਅੰਦਰ) ਇਕ-ਰਸ ਸਾਰੇ ਵਾਜੇ ਵੱਜਣ ਲੱਗ ਪਏ ॥੧॥ ਰਹਾਉ ॥
34455	806	ਤਾਪ ਪਾਪ ਸੰਤਾਪ ਬਿਨਾਸੇ॥		Thaap Paap Santhaap Binaasae ||	Sufferings, sins and afflictions have been dispelled.	ਪਰਮਾਤਮਾ ਦਾ ਨਾਮ ਸਿਮਰਦਿਆਂ ਸਿਮਰਦਿਆਂ ਉਸ ਦੇ ਮਨੁੱਖ ਸਾਰੇ ਪਾਪ ਨਾਸ ਹੋ ਗਏ,
34456	806	ਹਰਿ ਸਿਮਰਤ ਕਿਲਵਿਖ ਸਭਿ ਨਾਸੇ॥੧॥		Har Simarath Kilavikh Sabh Naasae ||1||	Remembering the Lord in meditation, all sinful mistakes have been erased. ||1||	(ਜਿਸ ਨੇ ਗੁਰੂ ਦੀ ਕਿਰਪਾ ਨਾਲ ਹਰਿ-ਨਾਮ ਸਿਮਰਨਾ ਸ਼ੁਰੂ ਕਰ ਦਿੱਤਾ, ਉਸ ਦੇ ਸਾਰੇ) ਦੁੱਖ ਕਲੇਸ਼ ਦੂਰ ਹੋ ਗਏ ॥੧॥
34457	806	ਅਨਦੁ ਕਰਹੁ ਮਿਲਿ ਸੁੰਦਰ ਨਾਰੀ॥		Anadh Karahu Mil Sundhar Naaree ||	Joining together, O beautiful soul-brides, celebrate and make merry.	(ਨਾਮ ਦੀ ਬਰਕਤਿ ਨਾਲ) ਸੋਹਣੇ (ਬਣ ਚੁਕੇ) ਹੇ ਮੇਰੇ ਗਿਆਨ-ਇੰਦ੍ਰਿਓ! ਤੁਸੀਂ ਹੁਣ ਰਲ ਕੇ (ਸਤਸੰਗ ਮਨਾ ਕੇ ਆਪਣੇ ਅੰਦਰ) ਆਤਮਕ ਆਨੰਦ ਪੈਦਾ ਕਰੋ।

34458	806	ਗੁਰਿ ਨਾਨਕ ਮੇਰੀ ਪੈਜ ਸਵਾਰੀ॥੨॥੩॥੨੧॥		Gur Naanak Maeree Paij Savaaree ||2||3||21||	Guru Nanak has saved my honor. ||2||3||21||	ਗੁਰੂ ਨਾਨਕ ਨੇ (ਮੈਨੂੰ ਤਾਪ ਪਾਪ ਸੰਤਾਪ ਤੋਂ ਬਚਾ ਕੇ) ਮੇਰੀ ਇੱਜ਼ਤ ਰੱਖ ਲਈ ਹੈ ॥੨॥੩॥੨੧॥
34459	806	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34460	806	ਮਮਤਾ ਮੋਹ ਧ੍ਰੋਹ ਮਦਿ ਮਾਤਾ ਬੰਧਨਿ ਬਾਧਿਆ ਅਤਿ ਬਿਕਰਾਲ॥	ਮੱਤਾ	Mamathaa Moh Dhhroh Madh Maathaa Bandhhan Baadhhiaa Ath Bikaraal ||	Intoxicated with the wine of attachment, love of worldly possessions and deceit, and bound in bondage, he is wild and hideous.	(ਹੇ ਪ੍ਰਭੂ! ਇਸ ਸੰਸਾਰ-ਸਮੁੰਦਰ ਵਿਚ ਫਸ ਕੇ ਜੀਵ) ਅਪਣੱਤ ਦੇ ਮਦ ਵਿਚ, ਮੋਹ ਦੇ ਨਸ਼ੇ ਵਿਚ, ਠੱਗੀ-ਚਾਲਾਕੀ ਦੇ ਮਦ ਵਿਚ ਮਸਤ ਰਹਿੰਦਾ ਹੈ। ਮਾਇਆ ਦੇ ਮੋਹ ਦੇ ਜਕੜ ਨਾਲ ਬੱਝਾ ਹੋਇਆ ਜੀਵ ਬੜੇ ਡਰਾਉਣੇ ਜੀਵਨ ਵਾਲਾ ਬਣ ਜਾਂਦਾ ਹੈ।
34461	806	ਦਿਨੁ ਦਿਨੁ ਛਿਜਤ ਬਿਕਾਰ ਕਰਤ ਅਉਧ ਫਾਹੀ ਫਾਥਾ ਜਮ ਕੈ ਜਾਲ॥੧॥	(ਛਿੱਜਤ)ਔਗੁਣਾਂ ਵਿਕਾਰਾਂ ਦੀ ਫਾਹੀ	Dhin Dhin Shhijath Bikaar Karath Aoudhh Faahee Faathhaa Jam Kai Jaal ||1||	Day by day, his life is winding down; practicing sin and corruption, he is trapped by the noose of Death. ||1||	ਹਰ ਰੋਜ਼ ਵਿਕਾਰ ਕਰਦਿਆਂ ਇਸ ਦੀ ਉਮਰ ਘਟਦੀ ਜਾਂਦੀ ਹੈ, ਇਹ ਜਮ ਦੀ ਫਾਹੀ ਵਿਚ ਜਮ ਦੇ ਜਾਲ ਵਿਚ ਸਦਾ ਫਸਿਆ ਰਹਿੰਦਾ ਹੈ ॥੧॥
34462	806	ਤੇਰੀ ਸਰਣਿ ਪ੍ਰਭ ਦੀਨ ਦਇਆਲਾ॥		Thaeree Saran Prabh Dheen Dhaeiaalaa ||	I seek Your Sanctuary, O God, Merciful to the meek.	ਦੀਨਾਂ ਉਤੇ ਦਇਆ ਕਰਨ ਵਾਲੇ ਹੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ।

34463	806	ਮਹਾ ਬਿਖਮ ਸਾਗਰੁ ਅਤਿ ਭਾਰੀ ਉਧਰਹੁ ਸਾਧੂਸੰਗਿ ਰਵਾਲਾ॥੧॥ਰਹਾਉ॥	ਔਗੁਣਾਂ ਤੋਂ (ਉ-ਧਰਹੁ)ਉਧਾਰਨਾ ਕਰੋ	Mehaa Bikham Saagar Ath Bhaaree Oudhharahu Saadhhoo Sang Ravaalaa ||1|| Rehaao ||	I have crossed over the terrible, treacherous, enormous world-ocean, with the dust of the Saadh Sangat, the Company of the Holy. ||1||Pause||	ਇਹ (ਸੰਸਾਰ-) ਸਮੁੰਦਰ ਬਹੁਤ ਵੱਡਾ ਹੈ, (ਇਸ ਵਿਚੋਂ ਪਾਰ ਲੰਘਣਾ) ਬੜਾ ਔਖਾ ਹੈ। ਹੇ ਪ੍ਰਭੂ! ਮੈਨੂੰ ਗੁਰੂ ਦੀ ਸੰਗਤਿ ਵਿਚ (ਰੱਖ ਕੇ) ਮੈਨੂੰ ਗੁਰੂ ਦੀ ਚਰਨ-ਧੂੜ ਦੇ ਕੇ ਇਸ ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚਾ ਲੈ ॥੧॥ ਰਹਾਉ ॥
34464	806	ਪ੍ਰਭ ਸੁਖਦਾਤੇ ਸਮਰਥ ਸੁਆਮੀ ਜੀਉ ਪਿੰਡੁ ਸਭੁ ਤੁਮਰਾ ਮਾਲ॥	ਸਮਰੱਥ	Prabh Sukhadhaathae Samarathh Suaamee Jeeo Pindd Sabh Thumaraa Maal ||	O God, Giver of peace, All-powerful Lord and Master, my soul, body and all wealth are Yours.	ਹੇ ਸਾਰੇ ਸੁਖ ਦੇਣ ਵਾਲੇ ਪ੍ਰਭੂ! ਹੇ ਸਭ ਤਾਕਤਾਂ ਦੇ ਮਾਲਕ ਸੁਆਮੀ! (ਜੀਵਾਂ ਨੂੰ ਮਿਲੇ ਹੋਏ) ਇਹ ਜਿੰਦ ਤੇ ਸਰੀਰ ਸਭ ਕੁਝ ਤੇਰਾ ਹੀ ਦਿੱਤਾ ਹੋਇਆ ਸਰਮਾਇਆ ਹੈ।
34465	806	ਭ੍ਰਮ ਕੇ ਬੰਧਨ ਕਾਟਹੁ ਪਰਮੇਸਰ ਨਾਨਕ ਕੇ ਪ੍ਰਭ ਸਦਾ ਕ੍ਰਿਪਾਲ॥੨॥੪॥੨੨॥		Bhram Kae Bandhhan Kaattahu Paramaesar Naanak Kae Prabh Sadhaa Kirapaal ||2||4||22||	Please, break my bonds of doubt, O Transcendent Lord, forever Merciful God of Nanak. ||2||4||22||	ਹੇ ਨਾਨਕ ਦੇ ਪ੍ਰਭੂ! ਹੇ ਸਦਾ ਕਿਰਪਾਲ ਪ੍ਰਭੂ! ਹੇ ਪਰਮੇਸਰ! (ਜੀਵ ਮਾਇਆ ਵਿਚ ਭਟਕ ਰਹੇ ਹਨ, ਜੀਵਾਂ ਦੇ ਇਹ) ਭਟਕਣਾ ਦੇ ਬੰਧਨ ਕੱਟ ਦੇਹ ॥੨॥੪॥੨੨॥
34466	806	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

34467	806	ਸਗਲ ਅਨੰਦੁ ਕੀਆ ਪਰਮੇਸਰਿ ਅਪਣਾ ਬਿਰਦੁ ਸਮ੍ਹਾਰਿਆ॥		Sagal Anandh Keeaa Paramaesar Apanaa Biradh Samhaariaa ||	The Transcendent Lord has brought bliss to all; He has confirmed His Natural Way.	(ਹੇ ਭਾਈ! ਇਹ ਯਕੀਨ ਜਾਣੋ ਕਿ) ਪਰਮਾਤਮਾ ਆਪਣਾ ਮੁੱਢ-ਕਦੀਮਾਂ ਦਾ (ਭਗਤਿ-ਵਛਲ ਹੋਣ ਦਾ) ਸੁਭਾਉ ਸਦਾ ਚੇਤੇ ਰੱਖਦਾ ਹੈ, ਉਹਨਾਂ (ਭਗਤ ਜਨਾਂ) ਨੂੰ ਹਰੇਕ ਕਿਸਮ ਦਾ ਸੁਖ-ਆਨੰਦ ਦੇਂਦਾ ਹੈ।
34468	806	ਸਾਧ ਜਨਾ ਹੋਏ ਕਿਰਪਾਲਾ ਬਿਗਸੇ ਸਭਿ ਪਰਵਾਰਿਆ॥੧॥		Saadhh Janaa Hoeae Kirapaalaa Bigasae Sabh Paravaariaa ||1||	He has become Merciful to the humble, holy Saints, and all my relatives blossom forth in joy. ||1||	ਆਪਣੇ ਸੰਤ ਜਨਾਂ ਉਤੇ ਸਦਾ ਦਇਆਵਾਨ ਰਹਿੰਦਾ ਹੈ, ਉਹਨਾਂ ਦੇ ਸਾਰੇ ਪਰਵਾਰ (ਸਾਰੇ ਗਿਆਨ-ਇੰਦ੍ਰੇ ਭੀ) ਆਨੰਦ-ਭਰਪੂਰ ਰਹਿੰਦੇ ਹਨ ॥੧॥
34469	806	ਕਾਰਜੁ ਸਤਿਗੁਰਿ ਆਪਿ ਸਵਾਰਿਆ॥		Kaaraj Sathigur Aap Savaariaa ||	The True Guru Himself has resolved my affairs.	(ਹੇ ਭਾਈ! ਲੋਕ ਤਾਂ ਦੇਵੀ ਆਦਿਕ ਦੀ ਪੂਜਾ ਦੀ ਕੋਈ ਪ੍ਰੇਰਨਾ ਕਰਦੇ ਸਨ। ਪਰ ਵੇਖੋ, ਹਰਿਗੋਬਿੰਦ ਨੂੰ ਚੀਚਕ ਦੇ ਤਾਪ ਤੋਂ ਅਰੋਗਤਾ ਦੇਣ ਵਾਲਾ ਇਹ ਵੱਡਾ) ਕੰਮ (ਮੇਰੇ) ਸਤਿਗੁਰੂ ਨੇ ਆਪ ਹੀ ਸਿਰੇ ਚਾੜ੍ਹ ਦਿੱਤਾ ਹੈ।

34470	807	ਵਡੀ ਆਰਜਾ ਹਰਿ ਗੋਬਿੰਦ ਕੀ ਸੂਖ ਮੰਗਲ ਕਲਿਆਣ ਬੀਚਾਰਿਆ॥੧॥ਰਹਾਉ॥		Vaddee Aarajaa Har Gobindh Kee Sookh Mangal Kaliaan Beechaariaa ||1|| Rehaao ||	He has blessed Hargobind with long life, and taken care of my comfort, happiness and well-being. ||1||Pause||	(ਗੁਰੂ ਨੇ ਆਪ ਹੀ) ਹਰਿਗੋਬਿੰਦ ਦੀ ਉਮਰ ਲੰਮੀ ਕਰ ਦਿੱਤੀ ਹੈ, (ਗੁਰੂ ਨੇ ਆਪ ਹੀ ਹਰਿਗੋਬਿੰਦ ਨੂੰ) ਸੁਖ ਖ਼ੁਸ਼ੀ ਆਨੰਦ ਦੇਣ ਦੀ ਵਿਚਾਰ ਕੀਤੀ ਹੈ ॥੧॥ ਰਹਾਉ ॥
34471	807	ਵਣ ਤ੍ਰਿਣ ਤ੍ਰਿਭਵਣ ਹਰਿਆ ਹੋਏ ਸਗਲੇ ਜੀਅ ਸਾਧਾਰਿਆ॥		Van Thrin Thribhavan Hariaa Hoeae Sagalae Jeea Saadhhaariaa ||	The forests, meadows and the three worlds have blossomed forth in greenery; He gives His Support to all beings.	ਜਿਸ ਪਰਮਾਤਮਾ ਦੀ ਕਿਰਪਾ ਨਾਲ ਸਾਰੇ ਜੰਗਲ ਸਾਰੀ ਬਨਸਪਤੀ, ਤਿੰਨੇ ਹੀ ਭਵਨ ਹਰੇ-ਭਰੇ ਰਹਿੰਦੇ ਹਨ, ਉਹ ਪਰਮਾਤਮਾ ਸਾਰੇ ਜੀਵਾਂ ਨੂੰ ਆਸਰਾ ਦੇਂਦਾ ਹੈ।
34472	807	ਮਨ ਇਛੇ ਨਾਨਕ ਫਲ ਪਾਏ ਪੂਰਨ ਇਛ ਪੁਜਾਰਿਆ॥੨॥੫॥੨੩॥		Man Eishhae Naanak Fal Paaeae Pooran Eishh Pujaariaa ||2||5||23||	Nanak has obtained the fruits of his mind's desires; his desires are totally fulfilled. ||2||5||23||	ਹੇ ਨਾਨਕ! (ਜੇਹੜੇ ਭੀ ਮਨੁੱਖ ਪਰਮਾਤਮਾ ਦੀ ਸਰਨ ਪੈਂਦੇ ਹਨ) ਉਹ ਮਨ-ਮੰਗੀਆਂ ਮੁਰਾਦਾਂ ਪਾ ਲੈਂਦੇ ਹਨ, ਪਰਮਾਤਮਾ ਉਹਨਾਂ ਦੀਆਂ ਸਾਰੀਆਂ ਕਾਮਨਾਂ ਪੂਰੀਆਂ ਕਰਦਾ ਹੈ (ਬੱਸ! ਉਸ ਪਰਮਾਤਮਾ ਦਾ ਹੀ ਆਸਰਾ ਲਿਆ ਕਰੋ) ॥੨॥੫॥੨੩॥
34473	807	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

34474	807	ਜਿਸੁ ਊਪਰਿ ਹੋਵਤ ਦਇਆਲੁ॥		Jis Oopar Hovath Dhaeiaal ||	One who is blessed by the Lord's Mercy	(ਗੁਰੂ) ਜਿਸ ਮਨੁੱਖ ਉੱਤੇ ਦਇਆਵਾਨ ਹੁੰਦਾ ਹੈ,
34475	807	ਹਰਿ ਸਿਮਰਤ ਕਾਟੈ ਸੋ ਕਾਲੁ॥੧॥ਰਹਾਉ॥		Har Simarath Kaattai So Kaal ||1|| Rehaao ||	Passes his time in contemplative meditation. ||1||Pause||	ਉਹ ਮਨੁੱਖ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਆਪਣਾ ਆਤਮਕ ਮੌਤ ਦਾ ਜਾਲ ਕੱਟ ਲੈਂਦਾ ਹੈ ॥੧॥ ਰਹਾਉ ॥
34476	807	ਸਾਧਸੰਗਿ ਭਜੀਐ ਗੋਪਾਲੁ॥		Saadhhasang Bhajeeai Gopaal ||	In the Saadh Sangat, the Company of the Holy, meditate, and vibrate upon the Lord of the Universe.	ਹੇ ਭਾਈ! ਗੁਰੂ ਦੀ ਸੰਗਤਿ ਵਿਚ ਟਿਕ ਕੇ ਜਗਤ-ਪਾਲਕ ਪ੍ਰਭੂ ਦਾ ਨਾਮ ਸਿਮਰਨਾ ਚਾਹੀਦਾ ਹੈ।
34477	807	ਗੁਨ ਗਾਵਤ ਤੂਟੈ ਜਮ ਜਾਲੁ॥੧॥		Gun Gaavath Thoottai Jam Jaal ||1||	Singing the Glorious Praises of the Lord, the noose of death is cut away. ||1||	ਪ੍ਰਭੂ ਦੇ ਗੁਣ ਗਾਂਦਿਆਂ ਗਾਂਦਿਆਂ ਜਮ ਦਾ ਜਾਲ ਟੁੱਟ ਜਾਂਦਾ ਹੈ ॥੧॥
34478	807	ਆਪੇ ਸਤਿਗੁਰੁ ਆਪੇ ਪ੍ਰਤਿਪਾਲ॥		Aapae Sathigur Aapae Prathipaal ||	He Himself is the True Guru, and He Himself is the Cherisher.	ਹੇ ਭਾਈ! (ਪ੍ਰਭੂ) ਆਪ ਹੀ ਗੁਰੂ (ਰੂਪ ਹੋ ਕੇ) ਆਪ ਹੀ (ਜੀਵਾਂ ਨੂੰ ਜਮ ਜਾਲ ਤੋਂ) ਬਚਾਣ ਵਾਲਾ ਹੈ।
34479	807	ਨਾਨਕੁ ਜਾਚੈ ਸਾਧ ਰਵਾਲ॥੨॥੬॥੨੪॥		Naanak Jaachai Saadhh Ravaal ||2||6||24||	Nanak begs for the dust of the feet of the Holy. ||2||6||24||	(ਤਾਹੀਏਂ) ਨਾਨਕ (ਸਦਾ) ਗੁਰੂ ਦੇ ਚਰਨਾਂ ਦੀ ਧੂੜ ਮੰਗਦਾ ਹੈ ॥੨॥੬॥੨੪॥
34480	807	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

34481	807	ਮਨ ਮਹਿ ਸਿੰਚਹੁ ਹਰਿ ਹਰਿ ਨਾਮ॥		Man Mehi Sinchahu Har Har Naam ||	Irrigate your mind with the Name of the Lord, Har, Har.	ਹੇ ਭਾਈ! ਆਪਣੇ ਮਨ ਵਿਚ ਸਦਾ ਪਰਮਾਤਮਾ ਦਾ ਨਾਮ-ਅੰਮ੍ਰਿਤ ਸਿੰਜਦਾ ਰਹੁ,
34482	807	ਅਨ ਦਿਨੁ ਕੀਰਤਨੁ ਹਰਿ ਗੁਣ ਗਾਮ॥੧॥		Anadhin Keerathan Har Gun Gaam ||1||	Night and day, sing the Kirtan of the Lord's Praises. ||1||	ਅਤੇ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਿਆ ਕਰ, ਪਰਮਾਤਮਾ ਦੇ ਗੁਣ ਗਾਇਆ ਕਰ ॥੧॥
34483	807	ਐਸੀ ਪ੍ਰੀਤਿ ਕਰਹੁ ਮਨ ਮੇਰੇ॥		Aisee Preeth Karahu Man Maerae ||	Enshrine such love, O my mind,	ਹੇ ਮੇਰੇ ਮਨ! ਪਰਮਾਤਮਾ ਨਾਲ ਇਹੋ ਜਿਹਾ ਪਿਆਰ ਬਣਾ,
34484	807	ਆਠ ਪਹਰ ਪ੍ਰਭ ਜਾਨਹੁ ਨੇਰੇ॥੧॥ਰਹਾਉ॥		Aath Pehar Prabh Jaanahu Naerae ||1|| Rehaao ||	That twenty-four hours a day, God will seem near to you. ||1||Pause||	ਕਿ ਅੱਠੇ ਪਹਿਰ (ਹਰ ਵੇਲੇ) ਪਰਮਾਤਮਾ ਨੂੰ ਆਪਣੇ ਨੇੜੇ ਵੱਸਦਾ ਸਮਝ ਸਕੇਂ ॥੧॥ ਰਹਾਉ ॥
34485	807	ਕਹੁ ਨਾਨਕ ਜਾ ਕੇ ਨਿਰਮਲ ਭਾਗ॥		Kahu Naanak Jaa Kae Niramal Bhaag ||	Says Nanak, one who has such immaculate destiny	ਨਾਨਕ ਆਖਦਾ ਹੈ- ਜਿਸ ਮਨੁੱਖ ਦੇ ਚੰਗੇ ਭਾਗ (ਜਾਗਦੇ ਹਨ)
34486	807	ਹਰਿ ਚਰਨੀ ਤਾ ਕਾ ਮਨੁ ਲਾਗ॥੨॥੭॥੨੫॥		Har Charanee Thaa Kaa Man Laag ||2||7||25||	- his mind is attached to the Lord's Feet. ||2||7||25||	ਉਸ ਦਾ ਮਨ ਪਰਮਾਤਮਾ ਦੇ ਚਰਨਾਂ ਵਿਚ ਗਿੱਝ ਜਾਂਦਾ ਹੈ ॥੨॥੭॥੨੫॥
34487	807	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

34488	807	ਰੋਗੁ ਗਇਆ ਪ੍ਰਭਿ ਆਪਿ ਗਵਾਇਆ॥		Rog Gaeiaa Prabh Aap Gavaaeiaa ||	The disease is gone; God Himself took it away.	(ਹੇ ਭਾਈ! ਗੁਰੂ ਦੀ ਰਾਹੀਂ ਆਪਣੇ ਨਾਮ ਦੀ ਦਾਤ ਦੇ ਕੇ ਜਿਸ ਮਨੁੱਖ ਦਾ ਰੋਗ) ਪ੍ਰਭੂ ਨੇ ਆਪ ਦੂਰ ਕੀਤਾ ਹੈ, ਉਸੇ ਦਾ ਹੀ ਰੋਗ ਦੂਰ ਹੋਇਆ ਹੈ।
34489	807	ਨੀਦ ਪਈ ਸੁਖ ਸਹਜ ਘਰੁ ਆਇਆ॥੧॥ਰਹਾਉ ॥		Needh Pee Sukh Sehaj Ghar Aaeiaa ||1|| Rehaao ||	I sleep in peace; peaceful poise has come to my home. ||1||Pause||	(ਨਾਮ ਦੀ ਬਰਕਤ ਨਾਲ ਉਸ ਮਨੁੱਖ ਨੂੰ) ਆਤਮਕ ਸ਼ਾਂਤੀ ਮਿਲ ਜਾਂਦੀ ਹੈ, ਉਸ ਨੂੰ ਸੁਖ ਅਤੇ ਆਤਮਕ ਅਡੋਲਤਾ ਵਾਲੀ ਅਵਸਥਾ ਮਿਲ ਜਾਂਦੀ ਹੈ ॥੧॥ ਰਹਾਉ ॥
34490	807	ਰਜਿ ਰਜਿ ਭੋਜਨੁ ਖਾਵਹੁ ਮੇਰੇ ਭਾਈ॥	ਰੱਜਿ	Raj Raj Bhojan Khaavahu Maerae Bhaaee ||	Eat to your fill, O my Siblings of Destiny.	ਹੇ ਮੇਰੇ ਵੀਰ! (ਪਰਮਾਤਮਾ ਦਾ ਨਾਮ ਜਿੰਦ ਦੀ ਖ਼ੁਰਾਕ ਹੈ, ਇਹ) ਖ਼ੁਰਾਕ ਰੱਜ ਰੱਜ ਕੇ ਖਾਇਆ ਕਰ।
34491	807	ਅੰਮ੍ਰਿਤ ਨਾਮੁ ਰਿਦ ਮਾਹਿ ਧਿਆਈ॥੧॥		Anmrith Naam Ridh Maahi Dhhiaaee ||1||	Meditate on the Ambrosial Naam, the Name of the Lord, within your heart. ||1||	ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਆਪਣੇ ਹਿਰਦੇ ਵਿਚ ਧਿਆਇਆ ਕਰ ॥੧॥
34492	807	ਨਾਨਕ ਗੁਰ ਪੂਰੇ ਸਰਨਾਈ॥		Naanak Gur Poorae Saranaaee ||	Nanak has entered the Sanctuary of the Perfect Guru,	ਹੇ ਨਾਨਕ! (ਆਖ-ਹੇ ਭਾਈ!) ਪੂਰੇ ਗੁਰੂ ਦੀ ਸਰਨ ਪਿਆ ਰਹੁ,
34493	807	ਜਿਨਿ ਅਪਨੇ ਨਾਮ ਕੀ ਪੈਜ ਰਖਾਈ॥੨॥੮॥੨੬॥		Jin Apanae Naam Kee Paij Rakhaaee ||2||8||26||	Who has preserved the honor of His Name. ||2||8||26||	(ਗੁਰੂ ਸਰਨ-ਪਏ ਦੀ ਸਹੈਤਾ ਕਰਨ ਵਾਲਾ ਹੈ) ਤੇ ਉਸ ਗੁਰੂ ਨੇ (ਸਦਾ) ਆਪਣੇ ਇਸ ਨਾਮ ਦੀ ਲਾਜ ਪਾਲੀ ਹੈ ॥੨॥੮॥੨੬॥

34494	807	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34495	807	ਸਤਿਗੁਰ ਕਰਿ ਦੀਨੇ ਅਸਥਿਰ ਘਰ ਬਾਰ॥ਰਹਾਉ॥		Sathigur Kar Dheenae Asathhir Ghar Baar || Rehaao ||	The True Guru has protected my hearth and home, and made them permanent. ||Pause||	ਹੇ ਭਾਈ! ਗੁਰੂ ਦੇ ਘਰਾਂ ਨੂੰ (ਸਾਧ ਸੰਗਤਿ-ਸੰਸਥਾ ਨੂੰ ਪਰਮਾਤਮਾ ਨੇ) ਸਦਾ ਕਾਇਮ ਰਹਿਣ ਵਾਲੇ ਬਣਾ ਦਿੱਤਾ ਹੋਇਆ ਹੈ (ਭਾਵ, ਸਾਧ ਸੰਗਤਿ ਹੀ ਸਦਾ ਲਈ ਐਸੇ ਅਸਥਾਨ ਹਨ ਜਿਥੇ ਪਰਮਾਤਮਾ ਨਾਲ ਮੇਲ ਹੋ ਸਕਦਾ ਹੈ) ਰਹਾਉ॥
34496	807	ਜੋ ਜੋ ਨਿੰਦ ਕਰੈ ਇਨ ਗ੍ਰਿਹਨ ਕੀ ਤਿਸੁ ਆਗੈ ਹੀ ਮਾਰੈ ਕਰਤਾਰ॥੧॥	(ਗ੍ਰਿਹਨ)ਗੁਰੂ-ਘਰਾਂ, ਗੁਰੂ-ਘਰਾਂ ਚ ਸੇਵਾ ਕਰਨ ਵਾਲੇ ਗੁਰਸੇਵਕਾਂ। ਗ੍ਰਿਹਨ	Jo Jo Nindh Karai Ein Grihan Kee This Aagai Hee Maarai Karathaar ||1||	Whoever slanders these homes, is pre-destined by the Creator Lord to be destroyed. ||1||	ਹੇ ਭਾਈ! ਜੇਹੜਾ ਭੀ ਮਨੁੱਖ ਇਹਨਾਂ ਘਰਾਂ ਦੀ (ਸਾਧ ਸੰਗਤਿ ਦੀ) ਨਿੰਦਾ ਕਰਦਾ ਹੈ (ਭਾਵ, ਜੇਹੜਾ ਭੀ ਮਨੁੱਖ ਸਤਸੰਗ ਤੋਂ ਨਫ਼ਰਤ ਕਰਦਾ ਹੈ) ਉਸ ਮਨੁੱਖ ਨੂੰ ਪਰਮਾਤਮਾ ਨੇ ਪਹਿਲਾਂ ਹੀ ਆਤਮਕ ਮੌਤ ਦਿੱਤੀ ਹੁੰਦੀ ਹੈ (ਉਹ ਮਨੁੱਖ ਪਹਿਲਾਂ ਹੀ ਆਤਮਕ ਤੌਰ ਤੇ ਮੋਇਆ ਹੋਇਆ ਹੁੰਦਾ ਹੈ) ॥੧॥

34497	807	ਨਾਨਕ ਦਾਸ ਤਾ ਕੀ ਸਰਨਾਈ ਜਾ ਕੋ ਸਬਦੁ ਅਖੰਡ ਅਪਾਰ॥੨॥੯॥੨੭॥		Naanak Dhaas Thaa Kee Saranaaee Jaa Ko Sabadh Akhandd Apaar ||2||9||27||	Slave Nanak seeks the Sanctuary of God; the Word of His Shabad is unbreakable and infinite. ||2||9||27||	ਹੇ ਨਾਨਕ! ਜਿਸ ਪਰਮਾਤਮਾ ਦਾ ਹੁਕਮ ਅਟੱਲ ਹੈ ਤੇ ਬੇਅੰਤ ਹੈ ਉਸ ਪਰਮਾਤਮਾ ਦੀ ਸਰਨ ਵਿਚ (ਸਾਧ ਸੰਗਤਿ ਦੀ ਬਰਕਤਿ ਨਾਲ ਹੀ ਆ ਸਕੀਦਾ ਹੈ) ॥੨॥੯॥੨੭॥
34498	807	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34499	807	ਤਾਪ ਸੰਤਾਪ ਸਗਲੇ ਗਏ ਬਿਨਸੇ ਤੇ ਰੋਗ॥		Thaap Santhaap Sagalae Geae Binasae Thae Rog ||	The fever and sickness are gone, and the diseases are all dispelled.	(ਹੇ ਭਾਈ! ਜੇ) (ਜੇਹੜਾ ਮਨੁੱਖ ਨਾਮ-ਸਿਮਰਨ ਦੁਆਰਾ ਆਤਮਕ ਆਨੰਦ ਮਾਣਦਾ ਹੈ, ਉਸ ਦੇ) ਸਾਰੇ ਦੁੱਖ ਸਾਰੇ ਕਲੇਸ਼ ਅਤੇ ਹੋਰ ਸਾਰੇ ਰੋਗ ਨਾਸ ਹੋ ਜਾਂਦੇ ਹਨ।
34500	807	ਪਾਰਬ੍ਰਹਮਿ ਤੂ ਬਖਸਿਆ ਸੰਤਨ ਰਸ ਭੋਗ॥ਰਹਾਉ॥		Paarabreham Thoo Bakhasiaa Santhan Ras Bhog || Rehaao ||	The Supreme Lord God has forgiven you, so enjoy the happiness of the Saints. ||Pause||	ਤੇਰੇ ਉਤੇ ਪਰਮਾਤਮਾ ਨੇ ਬਖ਼ਸ਼ਸ਼ ਕੀਤੀ ਹੈ, ਤਾਂ ਤੂੰ ਸੰਤਾਂ ਵਾਲੇ (ਨਾਮ-ਸਿਮਰਨ ਦੇ) ਆਤਮਕ ਆਨੰਦ ਮਾਣ ਰਹਾਉ॥
34501	807	ਸਰਬ ਸੁਖਾ ਤੇਰੀ ਮੰਡਲੀ ਤੇਰਾ ਮਨੁ ਤਨੁ ਆਰੋਗ॥	(ਮੰਡਲੀ)ਸਤਿਸੰਗਤ	Sarab Sukhaa Thaeree Manddalee Thaeraa Man Than Aarog ||	All joys have entered your world, and your mind and body are free of disease.	ਹੇ ਭਾਈ! (ਜੇ ਤੂੰ ਨਾਮ-ਸਿਮਰਨ ਦੀ ਇਹ ਦਵਾਈ ਵਰਤਦਾ ਰਹੇਂਗਾ, ਤਾਂ) ਸਾਰੇ ਸੁਖ ਤੇਰੇ ਸਾਥੀ ਬਣੇ ਰਹਿਣਗੇ, ਤੇਰਾ ਮਨ ਰੋਗਾਂ ਤੋਂ ਬਚਿਆ ਰਹੇਗਾ, ਤੇਰਾ ਸਰੀਰ ਰੋਗਾਂ ਤੋਂ ਬਚਿਆ ਰਹੇਗਾ।

34502	807	ਗੁਨ ਗਾਵਹੁ ਨਿਤ ਰਾਮ ਕੇ ਇਹ ਅਵਖਦ ਜੋਗ॥੧॥		Gun Gaavahu Nith Raam Kae Eih Avakhadh Jog ||1||	So chant continuously the Glorious Praises of the Lord; this is the only potent medicine. ||1||	ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹੁ, (ਤਾਪ ਸੰਤਾਪ ਅਤੇ ਰੋਗ ਆਦਿਕਾਂ ਨੂੰ ਦੂਰ ਕਰਨ ਲਈ) ਇਹ ਦਵਾਈ ਫਬਵੀਂ ਹੈ ॥੧॥
34503	807	ਆਇ ਬਸਹੁ ਘਰ ਦੇਸ ਮਹਿ ਇਹ ਭਲੇ ਸੰਜੋਗ॥		Aae Basahu Ghar Dhaes Mehi Eih Bhalae Sanjog ||	So come, and dwell in your home and native land; this is such a blessed and auspicious occasion.	ਹੇ ਭਾਈ! (ਮਨੁੱਖਾ ਜੀਵਨ ਵਾਲੇ ਦਿਨ ਹੀ ਪਰਮਾਤਮਾ ਨਾਲ) ਮਿਲਾਪ ਪੈਦਾ ਕਰਨ ਦੇ ਚੰਗੇ ਅਵਸਰ ਹਨ (ਜਿਤਨਾ ਚਿਰ ਇਹ ਜਨਮ ਮਿਲਿਆ ਹੋਇਆ ਹੈ, ਬਾਹਰ ਭਟਕਣਾ ਛਡ ਕੇ) ਆਪਣੇ ਹਿਰਦੇ-ਘਰ ਦੇਸ ਵਿਚ ਆ ਕੇ ਟਿਕਿਆ ਰਹੁ।
34504	807	ਨਾਨਕ ਪ੍ਰਭ ਸੁਪ੍ਰਸੰਨ ਭਏ ਲਹਿ ਗਏ ਬਿਓਗ॥੨॥੧੦॥੨੮॥	ਸੁਪ੍ਰਸੰਨ	Naanak Prabh Suprasann Bheae Lehi Geae Bioug ||2||10||28||	O Nanak, God is totally pleased with you; your time of separation has come to an end. ||2||10||28||	ਹੇ ਨਾਨਕ! (ਆਖ-) ਜਿਸ ਮਨੁੱਖ ਉਤੇ ਪ੍ਰਭੂ ਜੀ ਦਇਆਵਾਨ ਹੋ ਜਾਂਦੇ ਹਨ, (ਪ੍ਰਭੂ ਨਾਲੋਂ ਉਸ ਦੇ) ਸਾਰੇ ਵਿਛੋੜੇ ਦੂਰ ਹੋ ਜਾਂਦੇ ਹਨ ॥੨॥੧੦॥੨੮॥
34505	807	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

34506	807	ਕਾਹੂ ਸੰਗਿ ਨ ਚਾਲਹੀ ਮਾਇਆ ਜੰਜਾਲ॥		Kaahoo Sang N Chaalehee Maaeiaa Janjaal ||	The entanglements of Maya do not go along with anyone.	ਹੇ ਭਾਈ! ਸੰਤ ਜਨਾਂ ਦੇ ਮਨ ਵਿਚ (ਸਦਾ ਇਹ) ਯਕੀਨ ਬਣਿਆ ਰਹਿੰਦਾ ਹੈ ਕਿ ਮਾਇਆ ਦੇ ਖਿਲਾਰੇ ਕਿਸੇ ਭੀ ਮਨੁੱਖ ਦੇ ਨਾਲ ਨਹੀਂ ਜਾਂਦੇ।
34507	807	ਊਠਿ ਸਿਧਾਰੇ ਛਤ੍ਰਪਤਿ ਸੰਤਨ ਕੈ ਖਿਆਲ॥ਰਹਾਉ॥		Ooth Sidhhaarae Shhathrapath Santhan Kai Khiaal || Rehaao ||	Even kings and rulers must arise and depart, according to the wisdom of the Saints. ||Pause||	ਰਾਜੇ ਮਹਾਰਾਜੇ ਭੀ (ਮੌਤ ਆਉਣ ਤੇ) ਇਹਨਾਂ ਨੂੰ ਛੱਡ ਕੇ ਤੁਰ ਪੈਂਦੇ ਹਨ (ਇਸ ਵਾਸਤੇ ਸੰਤ ਜਨ ਸਦਾ ਪਰਮਾਤਮਾ ਦਾ ਨਾਮ ਸਿਮਰਦੇ ਹਨ) ਰਹਾਉ॥
34508	807	ਅਹੰਬੁਧਿ ਕਉ ਬਿਨਸਨਾ ਇਹ ਧੁਰ ਕੀ ਢਾਲ॥		Ahanbudhh Ko Binasanaa Eih Dhhur Kee Dtaal ||	Pride goes before the fall - this is a primal law.	(ਹੇ ਭਾਈ! ਮਾਇਆ ਦੇ ਮੋਹ ਵਿਚ ਫਸ ਕੇ ਹਰ ਵੇਲੇ ਇਹ ਧਾਰਨ ਵਾਲੇ ਨੂੰ ਕਿ ਮੈਂ ਵੱਡਾ ਬਣ ਜਾਵਾਂ ਮੈਂ ਵੱਡਾ ਬਣ ਜਾਵਾਂ-ਇਸ) ਮੈਂ ਮੈਂ ਦੀ ਹੀ ਸੂਝ ਵਾਲੇ ਨੂੰ (ਜ਼ਰੂਰ) ਆਤਮਕ ਮੌਤ ਮਿਲਦੀ ਹੈ-ਇਹ ਮਰਯਾਦਾ ਧੁਰ-ਦਰਗਾਹ ਤੋਂ ਚਲੀ ਆ ਰਹੀ ਹੈ।
34509	807	ਬਹੁ ਜੋਨੀ ਜਨਮਹਿ ਮਰਹਿ ਬਿਖਿਆ ਬਿਕਰਾਲ॥੧॥		Bahu Jonee Janamehi Marehi Bikhiaa Bikaraal ||1||	Those who practice corruption and sin, are born into countless incarnations, only to die again. ||1||	ਮਾਇਆ ਦੇ ਮੋਹ ਦੇ ਇਹੀ ਭਿਆਨਕ ਨਤੀਜੇ ਹੁੰਦੇ ਹਨ ਕਿ ਮਾਇਆ-ਗ੍ਰਸੇ ਮਨੁੱਖ ਸਦਾ ਅਨੇਕਾਂ ਜੂਨਾਂ ਵਿਚ ਜੰਮਦੇ ਮਰਦੇ ਰਹਿੰਦੇ ਹਨ ॥੧॥

34510	807	ਸਤਿ ਬਚਨ ਸਾਧੂ ਕਹਹਿ ਨਿਤ ਜਪਹਿ ਗੁਪਾਲ॥		Sath Bachan Saadhhoo Kehehi Nith Japehi Gupaal ||	The Holy Saints chant Words of Truth; they meditate continually on the Lord of the Universe.	ਗੁਰਮੁਖ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ, ਸਦਾ ਜਗਤ ਦੇ ਪਾਲਣਹਾਰ ਪ੍ਰਭੂ ਦਾ ਨਾਮ ਜਪਦੇ ਹਨ।
34511	807	ਸਿਮਰਿ ਸਿਮਰਿ ਨਾਨਕ ਤਰੇ ਹਰਿ ਕੇ ਰੰਗ ਲਾਲ॥੨॥੧੧॥੨੯॥		Simar Simar Naanak Tharae Har Kae Rang Laal ||2||11||29||	Meditating, meditating in remembrance, O Nanak, those who are imbued with the color of the Lord's Love are carried across. ||2||11||29||	ਹੇ ਨਾਨਕ! ਪਰਮਾਤਮਾ ਦੇ ਗੂੜ੍ਹੇ ਪ੍ਰੇਮ-ਰੰਗ ਵਿਚ ਰੰਗੀਜ ਕੇ ਸੰਤ ਜਨ ਸਦਾ ਪ੍ਰਭੂ ਦਾ ਨਾਮ ਸਿਮਰ ਕੇ (ਸੰਸਾਰ-ਸਮੁੰਦਰ ਤੋਂ, ਮਾਇਆ ਦੇ ਮੋਹ ਤੋਂ) ਪਾਰ ਲੰਘ ਜਾਂਦੇ ਹਨ ॥੨॥੧੧॥੨੯॥
34512	807	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34513	807	ਸਹਜ ਸਮਾਧਿ ਅਨੰਦ ਸੂਖ ਪੂਰੇ ਗੁਰਿ ਦੀਨ॥		Sehaj Samaadhh Anandh Sookh Poorae Gur Dheen ||	The Perfect Guru has blessed me with celestial Samaadhi, bliss and peace.	(ਹੇ ਭਾਈ! ਜਿਸ ਮਨੁੱਖ ਉੱਤੇ ਗੁਰੂ ਦਇਆਵਾਨ ਹੁੰਦਾ ਹੈ, ਉਸ ਨੂੰ) ਪੂਰੇ ਗੁਰੂ ਨੇ ਆਤਮਕ ਅਡੋਲਤਾ ਵਿਚ ਇਕ-ਰਸ ਟਿਕਾਉ ਦੇ ਸਾਰੇ ਸੁਖ ਆਨੰਦ ਦੇ ਦਿੱਤੇ।

34514	807	ਸਦਾ ਸਹਾਈ ਸੰਗਿ ਪ੍ਰਭ ਅੰਮ੍ਰਿਤ ਗੁਣ ਚੀਨ॥ਰਹਾਉ॥		Sadhaa Sehaaee Sang Prabh Anmrith Gun Cheen || Rehaao ||	God is always my Helper and Companion; I contemplate His Ambrosial Virtues. ||Pause||	ਪ੍ਰਭੂ ਉਸ ਮਨੁੱਖ ਦਾ ਮਦਦਗਾਰ ਬਣਿਆ ਰਹਿੰਦਾ ਹੈ, ਉਸ ਦੇ ਅੰਗ-ਸੰਗ ਰਹਿੰਦਾ ਹੈ, ਉਹ ਮਨੁੱਖ ਪ੍ਰਭੂ ਦੇ ਆਤਮਕ ਜੀਵਨ ਦੇਣ ਵਾਲੇ ਗੁਣ (ਆਪਣੇ ਮਨ ਵਿਚ) ਵਿਚਾਰਦਾ ਰਹਿੰਦਾ ਹੈ ਰਹਾਉ॥
34515	808	ਜੈ ਜੈਕਾਰੁ ਜਗਤ੍ਰ ਮਹਿ ਲੋਚਹਿ ਸਭਿ ਜੀਆ॥	ਜਗੱਤ੍ਰ	Jai Jai Kaar Jagathr Mehi Lochehi Sabh Jeeaa ||	Triumphant cheers greet me all across the world, and all beings yearn for me.	ਹੇ ਭਾਈ! ਉਸ ਮਨੁੱਖ ਦੀ ਸਾਰੇ ਜਗਤ ਵਿਚ ਹਰ ਥਾਂ ਸੋਭਾ ਹੁੰਦੀ ਹੈ, (ਜਗਤ ਦੇ) ਸਾਰੇ ਜੀਵ (ਉਸ ਦਾ ਦਰਸਨ ਕਰਨਾ) ਚਾਹੁੰਦੇ ਹਨ,
34516	808	ਸੁਪ੍ਰਸੰਨ ਭਏ ਸਤਿਗੁਰ ਪ੍ਰਭੂ ਕਛੁ ਬਿਘਨੁ ਨ ਥੀਆ॥੧॥	ਸੁਪ੍ਰਸੰਨ	Suprasann Bheae Sathigur Prabhoo Kashh Bighan N Thheeaa ||1||	The True Guru and God are totally pleased with me; no obstacle blocks my way. ||1||	ਜਿਸ ਮਨੁੱਖ ਉਤੇ ਗੁਰੂ ਪਰਮਾਤਮਾ ਚੰਗੀ ਤਰ੍ਹਾਂ ਪ੍ਰਸੰਨ ਹੋ ਗਏ, ਉਸ ਮਨੁੱਖ ਦੇ ਜੀਵਨ ਦੇ ਰਸਤੇ ਵਿਚ ਕੋਈ ਰੁਕਾਵਟ ਨਹੀਂ ਆਉਂਦੀ ॥੧॥
34517	808	ਜਾ ਕਾ ਅੰਗੁ ਦਇਆਲ ਪ੍ਰਭ ਤਾ ਕੇ ਸਭ ਦਾਸ॥		Jaa Kaa Ang Dhaeiaal Prabh Thaa Kae Sabh Dhaas ||	One who has the Merciful Lord God on his side - everyone becomes his slave.	ਹੇ ਭਾਈ! ਦਇਆ ਦਾ ਸੋਮਾ ਪ੍ਰਭੂ ਜਿਸ (ਮਨੁੱਖ) ਦਾ ਪੱਖ ਕਰਦਾ ਹੈ, ਸਭ ਜੀਵ ਉਸ ਦੇ ਸੇਵਕ ਹੋ ਜਾਂਦੇ ਹਨ।

34518	808	ਸਦਾ ਸਦਾ ਵਡਿਆਈਆ ਨਾਨਕ ਗੁਰ ਪਾਸਿ॥੨॥੧੨॥੩੦॥		Sadhaa Sadhaa Vaddiaaeeaa Naanak Gur Paas ||2||12||30||	Forever and ever, O Nanak, glorious greatness rests with the Guru. ||2||12||30||	ਹੇ ਨਾਨਕ! ਗੁਰੂ ਦੇ ਚਰਨਾਂ ਵਿਚ ਰਿਹਾਂ ਸਦਾ ਹੀ ਆਦਰ-ਮਾਣ ਮਿਲਦਾ ਹੈ ॥੨॥੧੨॥੩੦॥
34519	808	ਰਾਗੁ ਬਿਲਾਵਲੁ ਮਹਲਾ ੫ ਘਰੁ ੫ ਚਉਪਦੇ		Raag Bilaaval Mehalaa 5 Ghar 5 Choupadhae	Raag Bilaaval, Fifth Mehl, Fifth House, Chau-Padas:	ਰਾਗ ਬਿਲਾਵਲੁ, ਘਰ ੫ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
34520	808	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
34521	808	ਮ੍ਰਿਤ ਮੰਡਲ ਜਗੁ ਸਾਜਿਆ ਜਿਉ ਬਾਲੂ ਘਰ ਬਾਰ॥		Mrith Manddal Jag Saajiaa Jio Baaloo Ghar Baar ||	This perishable realm and world has been made like a house of sand.	(ਹੇ ਮੇਰੇ ਮਨ!) ਇਹ ਜਗਤ (ਪਰਮਾਤਮਾ ਨੇ ਐਸਾ) ਬਣਾਇਆ ਹੈ (ਕਿ ਇਸ ਉਤੇ) ਮੌਤ ਦਾ ਰਾਜ ਹੈ, ਇਹ ਇਉਂ ਹੈ ਜਿਵੇਂ ਰੇਤ ਦੇ ਬਣੇ ਹੋਏ ਘਰ ਆਦਿਕ ਹੋਣ।
34522	808	ਬਿਨਸਤ ਬਾਰ ਨ ਲਾਗਈ ਜਿਉ ਕਾਗਦ ਬੂੰਦਾਰ॥੧॥		Binasath Baar N Laagee Jio Kaagadh Boondhaar ||1||	In no time at all, it is destroyed, like the paper drenched with water. ||1||	ਜਿਵੇਂ ਮੀਂਹ ਦੀਆਂ ਕਣੀਆਂ ਨਾਲ ਕਾਗ਼ਜ਼ (ਤੁਰਤ) ਗਲ ਜਾਂਦੇ ਹਨ, ਤਿਵੇਂ ਇਹਨਾਂ (ਘਰਾਂ) ਦੇ ਨਾਸ ਹੁੰਦਿਆਂ ਚਿਰ ਨਹੀਂ ਲੱਗਦਾ ॥੧॥

34523	808	ਸੁਨਿ ਮੇਰੀ ਮਨਸਾ ਮਨੈ ਮਾਹਿ ਸਤਿ ਦੇਖੁ ਬੀਚਾਰਿ॥	(ਮਨਸਾ)ਸਿੱਖਿਆ	Sun Maeree Manasaa Manai Maahi Sath Dhaekh Beechaar ||	Listen to me, people: behold, and consider this within your mind.	ਹੇ ਮੇਰੇ ਮਨ ਦੇ ਫੁਰਨੇ! (ਹੇ ਮੇਰੇ ਭਟਕਦੇ ਮਨ!) ਧਿਆਨ ਨਾਲ ਸੁਣ। ਵਿਚਾਰ ਕੇ ਵੇਖ ਲੈ, (ਇਹ) ਸੱਚ (ਹੈ ਕਿ)
34524	808	ਸਿਧ ਸਾਧਿਕ ਗਿਰਹੀ ਜੋਗੀ ਤਜਿ ਗਏ ਘਰ ਬਾਰ॥੧॥ਰਹਾਉ॥		Sidhh Saadhhik Girehee Jogee Thaj Geae Ghar Baar ||1|| Rehaao ||	The Siddhas, the seekers, house-holders and Yogis have forsaken their homes and left. ||1||Pause||	ਸਿੱਧ ਸਾਧਿਕ ਜੋਗੀ ਗ੍ਰਿਹਸਤੀ-ਸਾਰੇ ਹੀ (ਮੌਤ ਆਉਣ ਤੇ) ਆਪਣਾ ਸਭ ਕੁਝ (ਇਥੇ ਹੀ) ਛੱਡ ਕੇ (ਇਥੋਂ) ਤੁਰੇ ਜਾ ਰਹੇ ਹਨ ॥੧॥ ਰਹਾਉ ॥
34525	808	ਜੈਸਾ ਸੁਪਨਾ ਰੈਨਿ ਕਾ ਤੈਸਾ ਸੰਸਾਰ॥		Jaisaa Supanaa Rain Kaa Thaisaa Sansaar ||	This world is like a dream in the night.	(ਹੇ ਮੇਰੇ ਭਟਕਦੇ ਮਨ!) ਇਹ ਜਗਤ ਇਉਂ ਹੀ ਹੈ ਜਿਵੇਂ ਰਾਤ ਨੂੰ (ਸੁੱਤੇ ਪਿਆਂ ਆਇਆ ਹੋਇਆ) ਸੁਪਨਾ ਹੁੰਦਾ ਹੈ।
34526	808	ਦ੍ਰਿਸਟਿਮਾਨ ਸਭੁ ਬਿਨਸੀਐ ਕਿਆ ਲਗਹਿ ਗਵਾਰ॥੨॥		Dhrisattimaan Sabh Binaseeai Kiaa Lagehi Gavaar ||2||	All that is seen shall perish. Why are you attached to it, you fool? ||2||	ਹੇ ਮੂਰਖ! ਜੋ ਕੁਝ ਦਿੱਸ ਰਿਹਾ ਹੈ, ਇਹ ਸਾਰਾ ਨਾਸਵੰਤ ਹੈ। ਤੂੰ ਇਸ ਵਿਚ ਕਿਉਂ ਮੋਹ ਬਣਾ ਰਿਹਾ ਹੈਂ? ॥੨॥
34527	808	ਕਹਾ ਸੁ ਭਾਈ ਮੀਤ ਹੈ ਦੇਖੁ ਨੈਨ ਪਸਾਰਿ॥		Kehaa S Bhaaee Meeth Hai Dhaekh Nain Pasaar ||	Where are your brothers and friends? Open your eyes and see!	ਹੇ ਮੂਰਖ! ਅੱਖਾਂ ਖੋਹਲ ਕੇ ਵੇਖ। (ਤੇਰੇ) ਉਹ ਭਰਾ ਉਹ ਮਿੱਤਰ ਕਿੱਥੇ ਗਏ ਹਨ?

34528	808	ਇਕਿ ਚਾਲੇ ਇਕਿ ਚਾਲਸਹਿ ਸਭਿ ਅਪਨੀ ਵਾਰ॥੩॥	ਚਾਲ-ਸਹਿ	Eik Chaalae Eik Chaalasehi Sabh Apanee Vaar ||3||	Some have gone, and some will go; everyone must take his turn. ||3||	ਆਪਣੀ ਵਾਰੀ ਸਿਰ ਕਈ (ਇਥੋਂ) ਜਾ ਚੁਕੇ ਹਨ, ਕਈ ਚਲੇ ਜਾਣਗੇ। ਸਾਰੇ ਹੀ ਜੀਵ ਆਪੋ ਆਪਣੀ ਵਾਰੀ (ਤੁਰੇ ਜਾ ਰਹੇ ਹਨ) ॥੩॥
34529	808	ਜਿਨ ਪੂਰਾ ਸਤਿਗੁਰੁ ਸੇਵਿਆ ਸੇ ਅਸਥਿਰੁ ਹਰਿ ਦੁਆਰਿ॥		Jin Pooraa Sathigur Saeviaa Sae Asathhir Har Dhuaar ||	Those who serve the Perfect True Guru, remain ever-stable at the Door of the Lord.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਪੂਰੇ ਗੁਰੂ ਦਾ ਆਸਰਾ ਲਿਆ ਹੈ ਉਹ (ਦਿੱਸਦੇ ਜਗਤ ਵਿਚ ਮੋਹ ਪਾਣ ਦੇ ਥਾਂ) ਪਰਮਾਤਮਾ ਦੇ ਦਰ ਤੇ (ਪਰਮਾਤਮਾ ਦੇ ਚਰਨਾਂ ਵਿਚ) ਟਿਕੇ ਰਹਿੰਦੇ ਹਨ।
34530	808	ਜਨੁ ਨਾਨਕੁ ਹਰਿ ਕਾ ਦਾਸੁ ਹੈ ਰਾਖੁ ਪੈਜ ਮੁਰਾਰਿ॥੪॥੧॥੩੧॥		Jan Naanak Har Kaa Dhaas Hai Raakh Paij Muraar ||4||1||31||	Servant Nanak is the Lord's slave; preserve his honor, O Lord, Destroyer of ego. ||4||1||31||	ਦਾਸ ਨਾਨਕ (ਤਾਂ) ਪਰਮਾਤਮਾ ਦਾ ਹੀ ਸੇਵਕ ਹੈ (ਪ੍ਰਭੂ ਦੇ ਦਰ ਤੇ ਹੀ ਅਰਦਾਸ ਕਰਦਾ ਹੈ ਕਿ) ਹੇ ਪ੍ਰਭੂ! (ਮੈਂ ਤੇਰੀ ਸਰਨ ਆਇਆ ਹਾਂ, ਮੇਰੀ) ਲਾਜ ਰੱਖ ॥੪॥੧॥੩੧॥
34531	808	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34532	808	ਲੋਕਨ ਕੀਆ ਵਡਿਆਈਆ ਬੈਸੰਤਰਿ ਪਾਗਉ॥		Lokan Keeaa Vaddiaaeeaa Baisanthar Paago ||	The glories of the world, I cast into the fire.	(ਹੇ ਭਾਈ! ਪਰਮਾਤਮਾ ਦੇ ਮਿਲਾਪ ਦੇ ਟਾਕਰੇ ਤੇ) ਲੋਕਾਂ ਵਲੋਂ ਮਿਲ ਰਹੀਆਂ ਇੱਜ਼ਤਾਂ ਨੂੰ ਤਾਂ ਮੈਂ ਅੱਗ ਵਿਚ ਪਾ ਦੇਣ ਨੂੰ ਤਿਆਰ ਹਾਂ।

34533	808	ਜਿਉ ਮਿਲੈ ਪਿਆਰਾ ਆਪਨਾ ਤੇ ਬੋਲ ਕਰਾਗਉ॥੧॥	(ਬੋਲ)ਬਚਨ। (ਕਰਾਗਉ)ਕਰਾਂ ਗਾ	Jio Milai Piaaraa Aapanaa Thae Bol Karaago ||1||	I chant those words, by which I may meet my Beloved. ||1||	(ਦੁਨੀਆ ਦੇ ਲੋਕਾਂ ਦੀ ਖ਼ੁਸ਼ਾਮਦ ਕਰਨ ਦੇ ਥਾਂ) ਮੈਂ ਤਾਂ ਉਹੀ ਬੋਲ ਬੋਲਾਂਗਾ, ਜਿਨ੍ਹਾਂ ਦਾ ਸਦਕਾ ਮੈਨੂੰ ਮੇਰਾ ਪਿਆਰਾ ਪ੍ਰਭੂ ਮਿਲ ਪਏ ॥੧॥
34534	808	ਜਉ ਪ੍ਰਭ ਜੀਉ ਦਇਆਲ ਹੋਇ ਤਉ ਭਗਤੀ ਲਾਗਉ॥		Jo Prabh Jeeo Dhaeiaal Hoe Tho Bhagathee Laago ||	When God becomes Merciful, then He enjoins me to His devotional service.	ਹੇ ਭਾਈ! ਜਦੋਂ ਪ੍ਰਭੂ ਜੀ ਮੇਰੇ ਉਤੇ ਦਇਆਵਾਨ ਹੋਣ, ਤਦੋਂ ਹੀ ਮੈਂ ਉਸ ਦੀ ਭਗਤੀ ਵਿਚ ਲੱਗ ਸਕਦਾ ਹਾਂ।
34535	808	ਲਪਟਿ ਰਹਿਓ ਮਨੁ ਬਾਸਨਾ ਗੁਰ ਮਿਲਿ ਇਹ ਤਿਆਗਉ॥੧॥ਰਹਾਉ॥		Lapatt Rehiou Man Baasanaa Gur Mil Eih Thiaago ||1|| Rehaao ||	My mind clings to worldly desires; meeting with the Guru, I have renounced them. ||1||Pause||	ਇਹ ਮਨ (ਸੰਸਾਰਕ ਪਦਾਰਥਾਂ ਦੀਆਂ) ਵਾਸਨਾਂ ਵਿਚ ਫਸਿਆ ਰਹਿੰਦਾ ਹੈ, ਗੁਰੂ ਦੀ ਸਰਨ ਪੈ ਕੇ ਹੀ ਇਹ ਵਾਸ਼ਨਾਂ ਛੱਡੀਆਂ ਜਾ ਸਕਦੀਆਂ ਹਨ (ਮੈਂ ਛੱਡ ਸਕਦਾ ਹਾਂ) ॥੧॥ ਰਹਾਉ ॥
34536	808	ਕਰਉ ਬੇਨਤੀ ਅਤਿ ਘਨੀ ਇਹੁ ਜੀਉ ਹੋਮਾਗਉ॥	ਬੰਦਗੀ ਗੁਰੂ ਸੇਵਾ ਚ। (ਜੀਉ)ਜ਼ਿੰਦਗੀ। (ਹੋਮਾਗਉ)ਹਵਨ ਕਰੀਏ	Karo Baenathee Ath Ghanee Eihu Jeeo Homaago ||	I pray with intense devotion, and offer this soul to Him.	(ਹੇ ਭਾਈ! ਪ੍ਰਭੂ ਦੇ ਦਰ ਤੇ) ਮੈਂ ਬੜੀ ਅਧੀਨਗੀ ਨਾਲ ਅਰਦਾਸਾਂ ਕਰਾਂਗਾ, ਆਪਣੀ ਇਹ ਜਿੰਦ ਭੀ ਕੁਰਬਾਨ ਕਰ ਦਿਆਂਗਾ।

34537	808	ਅਰਥ ਆਨ ਸਭਿ ਵਾਰਿਆ ਪ੍ਰਿਅ ਨਿਮਖ ਸੋਹਾਗਉ॥੨॥		Arathh Aan Sabh Vaariaa Pria Nimakh Sohaago ||2||	I would sacrifice all other riches, for a moment's union with my Beloved. ||2||	ਪਿਆਰੇ ਦੇ ਇਕ ਪਲ ਭਰ ਦੇ ਮਿਲਾਪ ਦੇ ਆਨੰਦ ਦੇ ਵੱਟੇ ਵਿਚ ਮੈਂ (ਦੁਨੀਆ ਦੇ) ਸਾਰੇ ਪਦਾਰਥ ਸਦਕੇ ਕਰ ਦਿਆਂਗਾ ॥੨॥
34538	808	ਪੰਚ ਸੰਗੁ ਗੁਰ ਤੇ ਛੁਟੇ ਦੋਖ ਅਰੁ ਰਾਗਉ॥		Panch Sang Gur Thae Shhuttae Dhokh Ar Raago ||	Through the Guru, I am rid of the five villains, as well as emotional love and hate.	(ਹੇ ਭਾਈ!) ਗੁਰੂ ਦੀ ਕਿਰਪਾ ਨਾਲ (ਮੇਰੇ ਅੰਦਰੋਂ ਕਾਮਾਦਿਕ) ਪੰਜਾਂ ਦਾ ਸਾਥ ਮੁੱਕ ਗਿਆ ਹੈ, (ਮੇਰੇ ਅੰਦਰੋਂ) ਦ੍ਵੈਖ ਅਤੇ ਮੋਹ ਦੂਰ ਹੋ ਗਏ ਹਨ।
34539	808	ਰਿਦੈ ਪ੍ਰਗਾਸੁ ਪ੍ਰਗਟ ਭਇਆ ਨਿਸਿ ਬਾਸੁਰ ਜਾਗਉ॥੩॥		Ridhai Pragaas Pragatt Bhaeiaa Nis Baasur Jaago ||3||	My heart is illumined, and the Lord has become manifest; night and day, I remain awake and aware. ||3||	ਮੇਰੇ ਹਿਰਦੇ ਵਿਚ (ਸਹੀ ਜੀਵਨ ਦਾ) ਚਾਨਣ ਹੋ ਗਿਆ ਹੈ, ਹੁਣ ਮੈਂ (ਕਾਮਾਦਿਕਾਂ ਦੇ ਹੱਲੇ ਵੱਲੋਂ) ਰਾਤ ਦਿਨ ਸੁਚੇਤ ਰਹਿੰਦਾ ਹਾਂ ॥੩॥
34540	808	ਸਰਣਿ ਸੋਹਾਗਨਿ ਆਇਆ ਜਿਸੁ ਮਸਤਕਿ ਭਾਗਉ॥		Saran Sohaagan Aaeiaa Jis Masathak Bhaago ||	The blessed soul-bride seeks His Sanctuary; her destiny is recorded on her forehead.	ਜਿਸ ਮਨੁੱਖ ਦੇ ਮੱਥੇ ਉੱਤੇ ਚੰਗੇ ਭਾਗ ਜਾਗਦੇ ਹਨ, ਉਹ ਸੁਹਾਗਣ ਇਸਤ੍ਰੀ ਵਾਂਗ (ਗੁਰੂ ਦੀ) ਸਰਨ ਪੈਂਦਾ ਹੈ।

34541	808	ਕਹੁ ਨਾਨਕ ਤਿਨਿ ਪਾਇਆ ਤਨੁ ਮਨੁ ਸੀਤਲਾਗਉ॥੪॥੨॥ ੩੨॥		Kahu Naanak Thin Paaeiaa Than Man Seethalaago ||4||2||32||	Says Nanak, she obtains her Husband Lord; her body and mind are cooled and soothed. ||4||2||32||	ਨਾਨਕ ਆਖਦਾ ਹੈ- (ਗੁਰੂ ਦੀ ਕਿਰਪਾ ਨਾਲ) ਉਸ ਨੇ ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ ਹੈ, ਉਸ ਦਾ ਮਨ ਉਸ ਦਾ ਸਰੀਰ (ਕਾਮਾਦਿਕਾਂ ਵਲੋਂ ਖ਼ਲਾਸੀ ਪ੍ਰਾਪਤ ਕਰ ਕੇ) ਠੰਢਾ-ਠਾਰ ਹੋ ਜਾਂਦਾ ਹੈ ॥੪॥੨॥੩੨॥
34542	808	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34543	808	ਲਾਲ ਰੰਗੁ ਤਿਸ ਕਉ ਲਗਾ ਜਿਸ ਕੇ ਵਡਭਾਗਾ॥		Laal Rang This Ko Lagaa Jis Kae Vaddabhaagaa ||	One is dyed in the color of the Lord's Love, by great good fortune.	ਹੇ ਭਾਈ! ਜਿਸ ਮਨੁੱਖ ਦੇ ਵੱਡੇ ਭਾਗ ਜਾਗ ਪੈਣ, ਉਸ ਦੇ ਹੀ ਮਨ ਨੂੰ ਪ੍ਰਭੂ-ਪਿਆਰ ਦਾ ਗੂੜ੍ਹਾ ਲਾਲ ਰੰਗ ਚੜ੍ਹਦਾ ਹੈ।
34544	808	ਮੈਲਾ ਕਦੇ ਨ ਹੋਵਈ ਨਹ ਲਾਗੈ ਦਾਗਾ॥੧॥		Mailaa Kadhae N Hovee Neh Laagai Dhaagaa ||1||	This color is never muddied; no stain ever sticks to it. ||1||	ਇਹ ਰੰਗ ਐਸਾ ਹੈ ਕਿ ਇਸ ਨੂੰ (ਵਿਕਾਰਾਂ ਦੀ) ਮੈਲ ਨਹੀਂ ਲੱਗਦੀ, ਇਸ ਨੂੰ ਵਿਕਾਰਾਂ ਦਾ ਦਾਗ਼ ਨਹੀਂ ਲੱਗਦਾ ॥੧॥
34545	808	ਪ੍ਰਭੁ ਪਾਇਆ ਸੁਖਦਾਈਆ ਮਿਲਿਆ ਸੁਖ ਭਾਇ॥		Prabh Paaeiaa Sukhadhaaeeaa Miliaa Sukh Bhaae ||	He finds God, the Giver of peace, with feelings of joy.	ਹੇ ਭਾਈ! ਜਿਸ ਮਨੁੱਖ ਨੇ (ਸਾਰੇ) ਸੁਖ ਦੇਣ ਵਾਲਾ ਪਰਮਾਤਮਾ ਲੱਭ ਲਿਆ, ਜਿਸ ਮਨੁੱਖ ਨੂੰ ਆਤਮਕ ਆਨੰਦ ਅਤੇ ਪ੍ਰੇਮ ਵਿਚ ਟਿਕ ਕੇ ਪ੍ਰਭੂ ਮਿਲ ਪਿਆ,

34546	808	ਸਹਜਿ ਸਮਾਨਾ ਭੀਤਰੇ ਛੋਡਿਆ ਨਹ ਜਾਇ॥੧॥ਰਹਾਉ॥		Sehaj Samaanaa Bheetharae Shhoddiaa Neh Jaae ||1|| Rehaao ||	The Celestial Lord blends into his soul, and he can never leave Him. ||1||Pause||	ਉਹ (ਸਦਾ) ਅੰਦਰੋਂ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ, (ਉਸ ਨੂੰ ਇਤਨਾ ਰਸ ਆਉਂਦਾ ਹੈ ਕਿ ਫਿਰ ਉਹ ਉਸ ਨੂੰ) ਛੱਡ ਨਹੀਂ ਸਕਦਾ ॥੧॥ ਰਹਾਉ ॥
34547	808	ਜਰਾ ਮਰਾ ਨਹ ਵਿਆਪਈ ਫਿਰਿ ਦੂਖੁ ਨ ਪਾਇਆ॥		Jaraa Maraa Neh Viaapee Fir Dhookh N Paaeiaa ||	Old age and death cannot touch him, and he shall not suffer pain again.	ਹੇ ਭਾਈ! ਉਸ ਦੀ ਇਸ ਆਤਮਕ ਉੱਚਤਾ ਨੂੰ ਕਦੇ ਬੁਢੇਪਾ ਨਹੀਂ ਆਉਂਦਾ, ਕਦੇ ਮੌਤ ਨਹੀਂ ਆਉਂਦੀ, ਉਸ ਨੂੰ ਫਿਰ ਕਦੇ ਕੋਈ ਦੁੱਖ ਪੋਹ ਨਹੀਂ ਸਕਦਾ।
34548	808	ਪੀ ਅੰਮ੍ਰਿਤੁ ਆਘਾਨਿਆ ਗੁਰਿ ਅਮਰ ਕਰਾਇਆ॥੨॥		Pee Anmrith Aaghaaniaa Gur Amar Karaaeiaa ||2||	Drinking in the Ambrosial Nectar, he is satisfied; the Guru makes him immortal. ||2||	ਜਿਸ ਮਨੁੱਖ ਨੂੰ ਗੁਰੂ ਨੇ ਅਟੱਲ ਆਤਮਕ ਜੀਵਨ ਦੇ ਦਿੱਤਾ, ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਕੇ (ਮਾਇਆ ਦੀ ਭੁੱਖ ਵਲੋਂ) ਰੱਜ ਜਾਂਦਾ ਹੈ ॥੨॥
34549	808	ਸੋ ਜਾਨੈ ਜਿਨਿ ਚਾਖਿਆ ਹਰਿ ਨਾਮੁ ਅਮੋਲਾ॥		So Jaanai Jin Chaakhiaa Har Naam Amolaa ||	He alone knows its taste, who tastes the Priceless Name of the Lord.	ਹੇ ਭਾਈ! ਇਸ ਦੀ ਕਦਰ ਉਹੀ ਮਨੁੱਖ ਜਾਣਦਾ ਹੈ ਜਿਸ ਨੇ ਕਦੇ ਚੱਖ ਵੇਖਿਆ ਹੈ। ਪਰਮਾਤਮਾ ਦਾ ਨਾਮ ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਵਿਚ ਨਹੀਂ ਮਿਲ ਸਕਦਾ।

34550	808	ਕੀਮਤਿ ਕਹੀ ਨ ਜਾਈਐ ਕਿਆ ਕਹਿ ਮੁਖਿ ਬੋਲਾ॥੩॥	ਬੋਲਾਂ	Keemath Kehee N Jaaeeai Kiaa Kehi Mukh Bolaa ||3||	Its value cannot be estimated; what can I say with my mouth? ||3||	ਹੇ ਭਾਈ! ਹਰਿ-ਨਾਮ ਦਾ ਮੁੱਲ ਦੱਸਿਆ ਨਹੀਂ ਜਾ ਸਕਦਾ। ਮੈਂ ਕੀਹ ਆਖ ਕੇ ਮੂੰਹੋਂ (ਇਸ ਦਾ ਮੁੱਲ) ਦੱਸਾਂ? ॥੩॥
34551	808	ਸਫਲ ਦਰਸੁ ਤੇਰਾ ਪਾਰਬ੍ਰਹਮ ਗੁਣ ਨਿਧਿ ਤੇਰੀ ਬਾਣੀ॥		Safal Dharas Thaeraa Paarabreham Gun Nidhh Thaeree Baanee ||	Fruitful is the Blessed Vision of Your Darshan, O Supreme Lord God. The Word of Your Bani is the treasure of virtue.	ਹੇ ਪਰਮਾਤਮਾ! ਤੇਰਾ ਦਰਸ਼ਨ ਮਨੁੱਖਾ ਜਨਮ ਦਾ ਮਨੋਰਥ ਪੂਰਾ ਕਰਨ ਵਾਲਾ ਹੈ, ਤੇਰੀ ਸਿਫ਼ਤਿ-ਸਾਲਾਹ ਦੀ ਬਾਣੀ ਗੁਣਾਂ ਦਾ ਖ਼ਜ਼ਾਨਾ ਹੈ।
34552	809	ਪਾਵਉ ਧੂਰਿ ਤੇਰੇ ਦਾਸ ਕੀ ਨਾਨਕ ਕੁਰਬਾਣੀ॥੪॥੩॥੩੩॥		Paavo Dhhoor Thaerae Dhaas Kee Naanak Kurabaanee ||4||3||33||	Please bless me with the dust of the feet of Your slaves; Nanak is a sacrifice. ||4||3||33||	ਹੇ ਨਾਨਕ! (ਆਖ-ਹੇ ਪ੍ਰਭੂ! ਮੇਹਰ ਕਰ) ਮੈਂ ਤੇਰੇ ਸੇਵਕ ਦੇ ਪੈਰਾਂ ਦੀ ਖ਼ਾਕ ਹਾਸਲ ਕਰ ਸਕਾਂ, ਮੈਂ ਤੇਰੇ ਸੇਵਕ ਤੋਂ ਸਦਕੇ ਜਾਵਾਂ ॥੪॥੩॥੩੩॥
34553	809	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34554	809	ਰਾਖਹੁ ਅਪਨੀ ਸਰਣਿ ਪ੍ਰਭ ਮੋਹਿ ਕਿਰਪਾ ਧਾਰੇ॥		Raakhahu Apanee Saran Prabh Mohi Kirapaa Dhhaarae ||	Keep me under Your Protection, God; shower me with Your Mercy.	ਹੇ ਪ੍ਰਭੂ! ਮੇਹਰ ਕਰ ਕੇ ਤੂੰ ਮੈਨੂੰ ਆਪਣੀ ਹੀ ਸਰਨ ਵਿਚ ਰੱਖ।

34555	809	ਸੇਵਾ ਕਛੂ ਨ ਜਾਨਉ ਨੀਚੁ ਮੂਰਖਾਰੇ॥੧॥		Saevaa Kashhoo N Jaanoo Neech Moorakhaarae ||1||	I do not know how to serve You; I am just a low-life fool. ||1||	ਮੈਂ ਨੀਵੇਂ ਜੀਵਨ ਵਾਲਾ ਹਾਂ, ਮੈਂ ਮੂਰਖ ਹਾਂ। ਮੈਨੂੰ ਤੇਰੀ ਸੇਵਾ-ਭਗਤੀ ਕਰਨ ਦੀ ਜਾਚ-ਅਕਲ ਨਹੀਂ ਹੈ ॥੧॥
34556	809	ਮਾਨੁ ਕਰਉ ਤੁਧੁ ਊਪਰੇ ਮੇਰੇ ਪ੍ਰੀਤਮ ਪਿਆਰੇ॥		Maan Karo Thudhh Ooparae Maerae Preetham Piaarae ||	I take pride in You, O my Darling Beloved.	ਹੇ ਮੇਰੇ ਪ੍ਰੀਤਮ! ਹੇ ਮੇਰੇ ਪਿਆਰੇ! ਮੈਂ ਤੇਰੇ ਉਤੇ ਹੀ (ਤੇਰੀ ਬਖ਼ਸ਼ਸ਼ ਉਤੇ ਹੀ) ਭਰੋਸਾ ਰੱਖਦਾ ਹਾਂ।
34557	809	ਹਮ ਅਪਰਾਧੀ ਸਦ ਭੂਲਤੇ ਤੁਮ੍ਹ ਬਖਸਨਹਾਰੇ॥੧॥ਰਹਾਉ॥		Ham Aparaadhhee Sadh Bhoolathae Thumh Bakhasanehaarae ||1|| Rehaao ||	I am a sinner, continuously making mistakes; You are the Forgiving Lord. ||1||Pause||	ਅਸੀਂ ਜੀਵ ਸਦਾ ਅਪਰਾਧ ਕਰਦੇ ਰਹਿੰਦੇ ਹਾਂ, ਭੁੱਲਾਂ ਕਰਦੇ ਰਹਿੰਦੇ ਹਾਂ, ਤੂੰ ਸਦਾ ਸਾਨੂੰ ਬਖ਼ਸ਼ਣ ਵਾਲਾ ਹੈਂ ॥੧॥ ਰਹਾਉ ॥
34558	809	ਹਮ ਅਵਗਨ ਕਰਹ ਅਸੰਖ ਨੀਤਿ ਤੁਮ੍ਹ ਨਿਰਗੁਨ ਦਾਤਾਰੇ॥		Ham Avagan Kareh Asankh Neeth Thumh Niragun Dhaathaarae ||	I make mistakes each and every day. You are the Great Giver;	ਹੇ ਪ੍ਰਭੂ! ਅਸੀਂ ਸਦਾ ਹੀ ਅਣਗਿਣਤ ਔਗੁਣ ਕਰਦੇ ਰਹਿੰਦੇ ਹਾਂ, ਤੂੰ (ਫਿਰ ਭੀ) ਸਾਨੂੰ ਗੁਣ-ਹੀਨਾਂ ਨੂੰ ਅਨੇਕਾਂ ਦਾਤਾਂ ਦੇਣ ਵਾਲਾ ਹੈਂ।
34559	809	ਦਾਸੀ ਸੰਗਤਿ ਪ੍ਰਭੂ ਤਿਆਗਿ ਏ ਕਰਮ ਹਮਾਰੇ॥੨॥	ਦੱਾਸੀ	Dhaasee Sangath Prabhoo Thiaag Eae Karam Hamaarae ||2||	I am worthless. I associate with Maya, your hand-maiden, and I renounce You, God; such are my actions. ||2||	ਹੇ ਪ੍ਰਭੂ! ਸਾਡੇ ਨਿੱਤ ਦੇ ਕਰਮ ਤਾਂ ਇਹ ਹਨ ਕਿ ਅਸੀਂ ਤੈਨੂੰ ਭੁਲਾ ਕੇ ਤੇਰੀ ਟਹਿਲਣ (ਮਾਇਆ) ਦੀ ਸੰਗਤਿ ਵਿਚ ਟਿਕੇ ਰਹਿੰਦੇ ਹਾਂ ॥੨॥

34560	809	ਤੁਮ੍ਹ ਦੇਵਹੁ ਸਭੁ ਕਿਛੁ ਦਇਆ ਧਾਰਿ ਹਮ ਅਕਿਰਤਘਨਾਰੇ॥	ਅ-ਕਿਰਤ-ਘਨਾਰੇ	Thumh Dhaevahu Sabh Kishh Dhaeiaa Dhhaar Ham Akirathaghanaarae ||	You bless me with everything, showering me with Mercy; And I am such an ungrateful wretch!	ਹੇ ਪ੍ਰਭੂ! ਅਸੀਂ (ਜੀਵ) ਨਾ-ਸ਼ੁਕਰੇ ਹਾਂ; ਤੂੰ (ਫਿਰ ਭੀ) ਮੇਹਰ ਕਰ ਕੇ ਸਾਨੂੰ ਹਰੇਕ ਚੀਜ਼ ਦੇਂਦਾ ਹੈਂ।
34561	809	ਲਾਗਿ ਪਰੇ ਤੇਰੇ ਦਾਨ ਸਿਉ ਨਹ ਚਿਤਿ ਖਸਮਾਰੇ॥੩॥		Laag Parae Thaerae Dhaan Sio Neh Chith Khasamaarae ||3||	I am attached to Your gifts, but I do not even think of You, O my Lord and Master. ||3||	ਹੇ ਖਸਮ-ਪ੍ਰਭੂ! ਅਸੀਂ ਤੈਨੂੰ ਆਪਣੇ ਚਿੱਤ ਵਿਚ ਨਹੀਂ ਵਸਾਂਦੇ, ਸਦਾ ਤੇਰੀਆਂ ਦਿੱਤੀਆਂ ਦਾਤਾਂ ਨੂੰ ਹੀ ਚੰਬੜੇ ਰਹਿੰਦੇ ਹਾਂ ॥੩॥
34562	809	ਤੁਝ ਤੇ ਬਾਹਰਿ ਕਿਛੁ ਨਹੀ ਭਵ ਕਾਟਨਹਾਰੇ॥		Thujh Thae Baahar Kishh Nehee Bhav Kaattanehaarae ||	There is none other than You, O Lord, Destroyer of fear.	ਹੇ (ਜੀਵਾਂ ਦੇ) ਜਨਮ ਦੇ ਗੇੜ ਕੱਟਣ ਵਾਲੇ! (ਜਗਤ ਵਿਚ) ਕੋਈ ਭੀ ਚੀਜ਼ ਤੈਥੋਂ ਆਕੀ ਨਹੀਂ ਹੋ ਸਕਦੀ (ਸਾਨੂੰ ਭੀ ਸਹੀ ਜੀਵਨ-ਰਾਹ ਉਤੇ ਪਾਈ ਰੱਖ)।
34563	809	ਕਹੁ ਨਾਨਕ ਸਰਣਿ ਦਇਆਲ ਗੁਰ ਲੇਹੁ ਮੁਗਧ ਉਧਾਰੇ॥੪॥੪॥੩੪॥		Kahu Naanak Saran Dhaeiaal Gur Laehu Mugadhh Oudhhaarae ||4||4||34||	Says Nanak, I have come to Your Sanctuary, O Merciful Guru; I am so foolish - please, save me! ||4||4||34||	ਨਾਨਕ ਆਖਦਾ ਹੈ- ਹੇ ਦਇਆ ਦੇ ਸੋਮੇ ਗੁਰੂ! ਅਸੀਂ ਤੇਰੀ ਸਰਨ ਆਏ ਹਾਂ, ਸਾਨੂੰ ਮੂਰਖਾਂ ਨੂੰ (ਔਗੁਣਾਂ ਭੁੱਲਾਂ ਤੋਂ) ਬਚਾਈ ਰੱਖ ॥੪॥੪॥੩੪॥
34564	809	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

34565	809	ਦੋਸੁ ਨ ਕਾਹੂ ਦੀਜੀਐ ਪ੍ਰਭੁ ਅਪਨਾ ਧਿਆਈਐ॥		Dhos N Kaahoo Dheejeeai Prabh Apanaa Dhhiaaeeai ||	Don't blame anyone else; meditate on your God.	ਹੇ ਮੇਰੇ ਮਨ! (ਆਪਣੀਆਂ ਕੀਤੀਆਂ ਭੁੱਲਾਂ ਦੇ ਕਾਰਨ ਮਿਲ ਰਹੇ ਦੁੱਖਾਂ ਬਾਰੇ) ਕਿਸੇ ਹੋਰ ਨੂੰ ਦੋਸ ਨਹੀਂ ਦੇਣਾ ਚਾਹੀਦਾ (ਇਹਨਾਂ ਦੁੱਖਾਂ ਤੋਂ ਬਚਣ ਲਈ) ਆਪਣੇ ਪਰਮਾਤਮਾ ਨੂੰ (ਹੀ) ਯਾਦ ਕਰਨਾ ਚਾਹੀਦਾ ਹੈਂ,
34566	809	ਜਿਤੁ ਸੇਵਿਐ ਸੁਖੁ ਹੋਇ ਘਨਾ ਮਨ ਸੋਈ ਗਾਈਐ॥੧॥		Jith Saeviai Sukh Hoe Ghanaa Man Soee Gaaeeai ||1||	Serving Him, great peace is obtained; O mind, sing His Praises. ||1||	ਕਿਉਂਕਿ ਉਸ ਪਰਮਾਤਮਾ ਦੀ ਸੇਵਾ-ਭਗਤੀ ਕੀਤਿਆਂ ਬਹੁਤ ਸੁਖ ਮਿਲਦਾ ਹੈ, ਉਸੇ ਦੀ ਹੀ ਸਿਫ਼ਤਿ-ਸਾਲਾਹ ਦਾ ਗੀਤ ਗਾਣਾ ਚਾਹੀਦਾ ਹੈ ॥੧॥
34567	809	ਕਹੀਐ ਕਾਇ ਪਿਆਰੇ ਤੁਝੁ ਬਿਨਾ॥		Keheeai Kaae Piaarae Thujh Binaa ||	O Beloved, other than You, who else should I ask?	ਹੇ ਪਿਆਰੇ ਪ੍ਰਭੂ! (ਇਹਨਾਂ ਦੁੱਖਾਂ ਕਲੇਸ਼ਾਂ ਤੋਂ ਬਚਣ ਲਈ) ਤੈਥੋਂ ਬਿਨਾ ਹੋਰ ਕਿਸ ਦੇ ਪਾਸ ਬੇਨਤੀ ਕੀਤੀ ਜਾਵੇ?
34568	809	ਤੁਮ੍ਹ ਦਇਆਲ ਸੁਆਮੀ ਸਭ ਅਵਗਨ ਹਮਾ॥੧॥ਰਹਾਉ॥		Thumh Dhaeiaal Suaamee Sabh Avagan Hamaa ||1|| Rehaao ||	You are my Merciful Lord and Master; I am filled with all faults. ||1||Pause||	ਹੇ (ਮੇਰੇ) ਮਾਲਕ-ਪ੍ਰਭੂ! ਤੂੰ ਤਾਂ ਸਦਾ ਦਇਆ ਦਾ ਘਰ ਹੈਂ, ਸਾਰੇ ਔਗੁਣ ਅਸਾਂ ਜੀਵਾਂ ਦੇ ਹੀ ਹਨ (ਜਿਨ੍ਹਾਂ ਕਰ ਕੇ ਸਾਨੂੰ ਦੁੱਖ-ਕਲੇਸ਼ ਵਾਪਰਦੇ ਹਨ) ॥੧॥ ਰਹਾਉ ॥
34569	809	ਜਿਉ ਤੁਮ੍ਹ ਰਾਖਹੁ ਤਿਉ ਰਹਾ ਅਵਰੁ ਨਹੀ ਚਾਰਾ॥		Jio Thumh Raakhahu Thio Rehaa Avar Nehee Chaaraa ||	As You keep me, I remain; there is no other way.	ਹੇ ਪ੍ਰਭੂ! ਤੂੰ ਜਿਵੇਂ ਮੈਨੂੰ ਰੱਖਦਾ ਹੈਂ, ਮੈਂ ਉਸੇ ਤਰ੍ਹਾਂ ਹੀ ਰਹਿ ਸਕਦਾ ਹਾਂ, (ਤੇਰੀ ਰਜ਼ਾ ਦੇ ਉਲਟ) ਮੇਰਾ ਕੋਈ ਜ਼ੋਰ ਨਹੀਂ ਚੱਲ ਸਕਦਾ।

34570	809	ਨੀਧਰਿਆ ਧਰ ਤੇਰੀਆ ਇਕ ਨਾਮ ਅਧਾਰਾ॥੨॥	ਨੀ-ਧਰਿਆ	Needhhariaa Dhhar Thaereeaa Eik Naam Adhhaaraa ||2||	You are the Support of the unsupported; You Name is my only Support. ||2||	ਹੇ ਪ੍ਰਭੂ! ਤੂੰ ਹੀ ਨਿਓਟਿਆਂ ਦੀ ਓਟ ਹੈਂ, ਮੈਨੂੰ ਸਿਰਫ਼ ਤੇਰੇ ਨਾਮ ਦਾ ਹੀ ਆਸਰਾ ਹੈ ॥੨॥
34571	809	ਜੋ ਤੁਮ੍ ਕਰਹੁ ਸੋਈ ਭਲਾ ਮਨਿ ਲੇਤਾ ਮੁਕਤਾ॥	ਮਨਿ ਮੰਨ। (ਲੇਤਾ)ਲੈਂਦਾ	Jo Thumh Karahu Soee Bhalaa Man Laethaa Mukathaa ||	One who accepts whatever You do as good - that mind is liberated.	ਹੇ ਪ੍ਰਭੂ! ਜੋ ਕੁਝ ਤੂੰ ਕਰਦਾ ਹੈਂ ਉਸ ਨੂੰ ਜੇਹੜਾ ਮਨੁੱਖ (ਆਪਣੇ) ਭਲੇ ਵਾਸਤੇ (ਹੁੰਦਾ) ਮੰਨ ਲੈਂਦਾ ਹੈ, ਉਹ (ਦੁੱਖਾਂ ਕਲੇਸ਼ਾਂ ਦੀ ਮਾਰ ਤੋਂ) ਬਚ ਜਾਂਦਾ ਹੈ।
34572	809	ਸਗਲ ਸਮਗ੍ਰੀ ਤੇਰੀਆ ਸਭ ਤੇਰੀ ਜੁਗਤਾ॥੩॥	ਸਮੱਗ੍ਰੀ	Sagal Samagree Thaereeaa Sabh Thaeree Jugathaa ||3||	The entire creation is Yours; all are subject to Your Ways. ||3||	ਹੇ ਪ੍ਰਭੂ! ਜਗਤ ਦੇ ਸਾਰੇ ਪਦਾਰਥ ਤੇਰੇ ਬਣਾਏ ਹੋਏ ਹਨ, ਸਾਰੀ ਸਮਗ੍ਰੀ ਤੇਰੀ ਹੀ ਮਰਯਾਦਾ ਵਿਚ ਚੱਲ ਰਹੀ ਹੈ ॥੩॥
34573	809	ਚਰਨ ਪਖਾਰਉ ਕਰਿ ਸੇਵਾ ਜੇ ਠਾਕੁਰ ਭਾਵੈ॥		Charan Pakhaaro Kar Saevaa Jae Thaakur Bhaavai ||	I wash Your Feet and serve You, if it pleases You, O Lord and Master.	ਹੇ ਪ੍ਰਭੂ! ਹੇ ਮਾਲਕ! ਜੇ ਤੈਨੂੰ ਚੰਗਾ ਲੱਗੇ, ਤਾਂ ਮੈਂ ਤੇਰੀ ਸੇਵਾ-ਭਗਤੀ ਕਰ ਕੇ ਤੇਰੇ ਚਰਨ ਧੋਂਦਾ ਰਹਾਂ (ਭਾਵ, ਹਉਮੈ ਤਿਆਗ ਕੇ ਤੇਰੇ ਦਰ ਤੇ ਡਿੱਗਾ ਰਹਾਂ)।
34574	809	ਹੋਹੁ ਕ੍ਰਿਪਾਲ ਦਇਆਲ ਪ੍ਰਭ ਨਾਨਕੁ ਗੁਣ ਗਾਵੈ॥੪॥੫॥੩੫॥		Hohu Kirapaal Dhaeiaal Prabh Naanak Gun Gaavai ||4||5||35||	Be Merciful, O God of Compassion, that Nanak may sing Your Glorious Praises. ||4||5||35||	ਹੇ ਪ੍ਰਭੂ! ਦਇਆਵਾਨ ਹੋ, ਕਿਰਪਾ ਕਰ (ਤਾ ਕਿ ਤੇਰੀ ਦਇਆ ਤੇ ਕਿਰਪਾ ਨਾਲ ਤੇਰਾ ਦਾਸ) ਨਾਨਕ ਤੇਰੇ ਗੁਣ ਗਾਂਦਾ ਰਹੇ ॥੪॥੫॥੩੫॥

34575	809	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34576	809	ਮਿਰਤੁ ਹਸੈ ਸਿਰ ਊਪਰੇ ਪਸੂਆ ਨਹੀ ਬੂਝੈ॥	ਹੱਸੈ	Mirath Hasai Sir Ooparae Pasooaa Nehee Boojhai ||	Death hovers over his head, laughing, but the beast does not understand.	ਹੇ ਭਾਈ! ਮੌਤ (ਹਰੇਕ ਮਨੁੱਖ ਦੇ) ਸਿਰ ਉਤੇ (ਖਲੋਤੀ) ਹੱਸ ਰਹੀ ਹੈ (ਕਿ ਮੂਰਖ ਮਨੁੱਖ ਮਾਇਆ ਦੇ ਮੋਹ ਵਿਚ ਫਸ ਕੇ ਆਪਣੀ ਮੌਤ ਦਾ ਚੇਤਾ ਹੀ ਨਹੀਂ ਕਰਦਾ, ਪਰ) ਪਸ਼ੂ (-ਸੁਭਾਉ ਵਾਲਾ ਮਨੁੱਖ ਇਹ ਗੱਲ) ਸਮਝਦਾ ਹੀ ਨਹੀਂ।
34577	809	ਬਾਦ ਸਾਦ ਅਹੰਕਾਰ ਮਹਿ ਮਰਣਾ ਨਹੀ ਸੂਝੈ॥੧॥		Baadh Saadh Ahankaar Mehi Maranaa Nehee Soojhai ||1||	Entangled in conflict, pleasure and egotism, he does not even think of death. ||1||	ਝਗੜਿਆਂ ਵਿਚ (ਪਦਾਰਥਾਂ ਦੇ) ਸੁਆਦਾਂ ਵਿਚ, ਅਹੰਕਾਰ ਵਿਚ (ਫਸ ਕੇ) ਮਨੁੱਖ ਨੂੰ ਮੌਤ ਸੁੱਝਦੀ ਹੀ ਨਹੀਂ ॥੧॥
34578	809	ਸਤਿਗੁਰੁ ਸੇਵਹੁ ਆਪਨਾ ਕਾਹੇ ਫਿਰਹੁ ਅਭਾਗੇ॥		Sathigur Saevahu Aapanaa Kaahae Firahu Abhaagae ||	So serve your True Guru; why wander around miserable and unfortunate?	ਹੇ ਬਦ-ਕਿਸਮਤ! ਕਿਉਂ ਭਟਕਦਾ ਫਿਰਦਾ ਹੈਂ? ਆਪਣੇ ਗੁਰੂ ਦੀ ਸਰਨ ਪਿਆ ਰਹੁ।
34579	809	ਦੇਖਿ ਕਸੁੰਭਾ ਰੰਗੁਲਾ ਕਾਹੇ ਭੂਲਿ ਲਾਗੇ॥੧॥ਰਹਾਉ॥		Dhaekh Kasunbhaa Rangulaa Kaahae Bhool Laagae ||1|| Rehaao ||	You gaze upon the transitory, beautiful safflower, but why do you get attached to it? ||1||Pause||	ਸੋਹਣੇ ਰੰਗ ਵਾਲਾ ਕਸੁੰਭਾ (ਮਨ-ਮੋਹਨੀ ਮਾਇਆ) ਵੇਖ ਕੇ ਕਿਉਂ ਕੁਰਾਹੇ ਪੈ ਰਿਹਾ ਹੈਂ? ॥੧॥ ਰਹਾਉ ॥

34580	809	ਕਰਿ ਕਰਿ ਪਾਪ ਦਰਬੁ ਕੀਆ ਵਰਤਣ ਕੈ ਤਾਈ॥	ਤਾਂਈਂ	Kar Kar Paap Dharab Keeaa Varathan Kai Thaaee ||	You commit sins again and again, to gather wealth to spend.	ਹੇ ਭਾਈ! (ਸਾਰੀ ਉਮਰ) ਪਾਪ ਕਰ ਕਰ ਕੇ ਹੀ ਮਨੁੱਖ ਆਪਣੇ ਵਰਤਣ ਲਈ ਧਨ ਇਕੱਠਾ ਕਰਦਾ ਰਿਹਾ,
34581	809	ਮਾਟੀ ਸਿਉ ਮਾਟੀ ਰਲੀ ਨਾਗਾ ਉਠਿ ਜਾਈ॥੨॥	ਨਾਂਗਾ	Maattee Sio Maattee Ralee Naagaa Outh Jaaee ||2||	But your dust shall mix with dust; you shall arise and depart naked. ||2||	(ਪਰ ਮੌਤ ਆਉਣ ਤੇ ਇਸ ਦੇ ਸਰੀਰ ਦੀ) ਮਿੱਟੀ ਧਰਤੀ ਨਾਲ ਰਲ ਗਈ, ਤੇ, ਜੀਵ ਖ਼ਾਲੀ-ਹੱਥ ਹੀ ਉੱਠ ਕੇ ਤੁਰ ਪਿਆ ॥੨॥
34582	809	ਜਾ ਕੈ ਕੀਐ ਸ੍ਰਮੁ ਕਰੈ ਤੇ ਬੈਰ ਬਿਰੋਧੀ॥		Jaa Kai Keeai Sram Karai Thae Bair Birodhhee ||	Those for whom you work, will become your spiteful enemies.	ਜਿਨ੍ਹਾਂ ਸੰਬੰਧੀਆਂ ਦੀ ਖ਼ਾਤਰ ਮਨੁੱਖ (ਧਨ ਇਕੱਠਾ ਕਰਨ ਦੀ) ਮੇਹਨਤ ਕਰਦਾ ਹੈ ਉਹ (ਤੋੜ ਤਕ ਇਸ ਨਾਲ ਸਾਥ ਨਹੀਂ ਨਿਬਾਹ ਸਕਦੇ, ਇਸ ਵਾਸਤੇ ਇਸ ਨਾਲ) ਵੈਰ ਕਰਨ ਵਾਲੇ ਵਿਰੋਧ ਕਰਨ ਵਾਲੇ ਹੀ ਬਣਦੇ ਹਨ।
34583	809	ਅੰਤ ਕਾਲਿ ਭਜਿ ਜਾਹਿਗੇ ਕਾਹੇ ਜਲਹੁ ਕਰੋਧੀ॥੩॥	ਭੱਜਿ	Anth Kaal Bhaj Jaahigae Kaahae Jalahu Karodhhee ||3||	In the end, they will run away from you; why do you burn for them in anger? ||3||	ਹੇ ਭਾਈ! ਤੂੰ (ਇਹਨਾਂ ਦੀ ਖ਼ਾਤਰ ਹੋਰਨਾਂ ਨਾਲ ਵੈਰ ਸਹੇੜ ਸਹੇੜ ਕੇ) ਕਿਉਂ ਕ੍ਰੋਧ ਵਿਚ ਸੜਦਾ ਹੈਂ? ਇਹ ਤਾਂ ਆਖ਼ਰ ਵੇਲੇ ਤੇਰਾ ਸਾਥ ਛੱਡ ਜਾਣਗੇ ॥੩॥
34584	809	ਦਾਸ ਰੇਣੁ ਸੋਈ ਹੋਆ ਜਿਸੁ ਮਸਤਕਿ ਕਰਮਾ॥		Dhaas Raen Soee Hoaa Jis Masathak Karamaa ||	He alone becomes the dust of the Lord's slaves, who has such good karma upon his forehead.	ਜਿਸ ਮਨੁੱਖ ਦੇ ਮੱਥੇ ਉਤੇ ਭਾਗ ਜਾਗਦੇ ਹਨ, ਉਹੀ ਮਨੁੱਖ ਪ੍ਰਭੂ ਦੇ ਭਗਤਾਂ ਦੀ ਚਰਨ-ਧੂੜ ਬਣਦਾ ਹੈ।

34585	809	ਕਹੁ ਨਾਨਕ ਬੰਧਨ ਛੁਟੇ ਸਤਿਗੁਰ ਕੀ ਸਰਨਾ॥੪॥੬॥੩੬॥		Kahu Naanak Bandhhan Shhuttae Sathigur Kee Saranaa ||4||6||36||	Says Nanak, he is released from bondage, in the Sanctuary of the True Guru. ||4||6||36||	ਨਾਨਕ ਆਖਦਾ ਹੈ- ਗੁਰੂ ਦੀ ਸਰਨ ਪਿਆਂ (ਮਾਇਆ ਦੇ ਮੋਹ ਦੇ) ਬੰਧਨ ਟੁੱਟ ਜਾਂਦੇ ਹਨ ॥੪॥੬॥੩੬॥
34586	809	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34587	809	ਪਿੰਗੁਲ ਪਰਬਤ ਪਾਰਿ ਪਰੇ ਖਲ ਚਤੁਰ ਬਕੀਤਾ॥	ਪ੍ਰਭ ਜੀ ਦੇ ਭੈ ਰੂਪੀ ਚਰਨਾਂ ਰਹਿਤ (ਪਿੰਗੁਲ)ਪਿੰਗਲਾ, ਔਗੁਣਾਂ ਰੂਪੀ (ਪਰਬਤ)ਪਹਾੜ ਤੋਂ ਪਾਰਿ ਹੋ ਗਿਆ, ਗੁਰੂ ਜਸ ਕਰਨ ਵੱਲੋਂ ਗੁੰਗਾ, ਖਲ ਮੂਰਖ, ਪ੍ਰੀਤ ਰੂਪੀ ਜ਼ਬਾਨ ਅਤੇ ਪ੍ਰਤੱਖ ਜ਼ਬਾਨ ਨਾਲ, (ਚਤੁਰ)ਸਾਵਧਾਨ ਹੋ ਕੇ, ਗੁਰਬਾਣੀ ਕਥਾ ਕੀਰਤਨ ਗੁਰੂ ਜਸ (ਬਕੀਤਾ)ਬੋਲਣ ਵਾਲੇ ਹੋ ਗਏ (੨. ਚਤੁਰਬ ਕੀਤਾ)	Pingul Parabath Paar Parae Khal Chathur Bakeethaa ||	The cripple crosses over the mountain, the fool becomes a wise man,	ਹੇ ਮਿੱਤਰ! (ਗੁਰੂ ਦੀ ਕ੍ਰਿਪਾ ਨਾਲ ਮਾਨੇ) ਲੂਲ੍ਹੇ ਮਨੁੱਖ ਪਹਾੜਾਂ ਤੋਂ ਪਾਰ ਲੰਘ ਜਾਂਦੇ ਹਨ, ਮਹਾ ਮੂਰਖ ਮਨੁੱਖ ਸਿਆਣੇ ਵਖਿਆਨ-ਕਰਤਾ ਬਣ ਜਾਂਦੇ ਹਨ,

34588	809	ਅੰਧੁਲੇ ਤ੍ਰਿਭਵਣ ਸੂਝਿਆ ਗੁਰ ਭੇਟਿ ਪੁਨੀਤਾ॥੧॥		Andhhulae Thribhavan Soojhiaa Gur Bhaett Puneethaa ||1||	And the blind man sees the three worlds, by meeting with the True Guru and being purified. ||1||	ਗੁਰੂ ਨੂੰ ਮਿਲ ਕੇ (ਮਨੁੱਖ) ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ, ਅੰਨ੍ਹੇ ਨੂੰ ਤਿੰਨਾ ਭਵਨਾਂ ਦੀ ਸੋਝੀ ਪੈ ਜਾਂਦੀ ਹੈ ॥੧॥
34589	809	ਮਹਿਮਾ ਸਾਧੂਸੰਗ ਕੀ ਸੁਨਹੁ ਮੇਰੇ ਮੀਤਾ॥		Mehimaa Saadhhoo Sang Kee Sunahu Maerae Meethaa ||	This is the Glory of the Saadh Sangat, the Company of the Holy; listen, O my friends.	ਹੇ ਮੇਰੇ ਮਿੱਤਰ! ਗੁਰੂ ਦੀ ਸੰਗਤਿ ਦੀ ਵਡਿਆਈ (ਧਿਆਨ ਨਾਲ) ਸੁਣ।
34590	809	ਮੈਲੁ ਖੋਈ ਕੋਟਿ ਅਘ ਹਰੇ ਨਿਰਮਲ ਭਏ ਚੀਤਾ॥੧॥ਰਹਾਉ॥		Mail Khoee Kott Agh Harae Niramal Bheae Cheethaa ||1|| Rehaao ||	Filth is washed away, millions of sins are dispelled, and the consciousness becomes immaculate and pure. ||1||Pause||	(ਜੇਹੜਾ ਭੀ ਮਨੁੱਖ ਨਿੱਤ ਗੁਰੂ ਦੀ ਸੰਗਤਿ ਵਿਚ ਬੈਠਦਾ ਹੈ, ਉਸ ਦਾ) ਮਨ ਪਵਿੱਤਰ ਹੋ ਜਾਂਦਾ ਹੈ, (ਉਸ ਦੇ ਅੰਦਰੋਂ ਵਿਕਾਰਾਂ ਦੀ) ਮੈਲ ਦੂਰ ਹੋ ਜਾਂਦੀ ਹੈ, ਉਸ ਦੇ ਕ੍ਰੋੜਾਂ ਪਾਪ ਨਾਸ ਹੋ ਜਾਂਦੇ ਹਨ ॥੧॥ ਰਹਾਉ ॥
34591	809	ਐਸੀ ਭਗਤਿ ਗੋਵਿੰਦ ਕੀ ਕੀਟਿ ਹਸਤੀ ਜੀਤਾ॥	ਜਿੱਤਾ	Aisee Bhagath Govindh Kee Keett Hasathee Jeethaa ||	Such is devotional worship of the Lord of the Universe, that the ant can overpower the elephant.	(ਹੇ ਮਿੱਤਰ! ਸਾਧ ਸੰਗਤਿ ਵਿਚ ਆ ਕੇ ਕੀਤੀ ਹੋਈ) ਪਰਮਾਤਮਾ ਦੀ ਭਗਤੀ ਅਚਰਜ (ਤਾਕਤ ਰੱਖਦੀ ਹੈ, ਇਸ ਦੀ ਬਰਕਤਿ ਨਾਲ) ਕੀੜੀ (ਨਿਮ੍ਰਤਾ) ਨੇ ਹਾਥੀ (ਅਹੰਕਾਰ) ਨੂੰ ਜਿੱਤ ਲਿਆ ਹੈ।

34592	809	ਜੋ ਜੋ ਕੀਨੋ ਆਪਨੋ ਤਿਸੁ ਅਭੈ ਦਾਨੁ ਦੀਤਾ॥੨॥	ਅ-ਭੈ	Jo Jo Keeno Aapano This Abhai Dhaan Dheethaa ||2||	Whoever the Lord makes His own, is blessed with the gift of fearlessness. ||2||	(ਭਗਤੀ ਉਤੇ ਪ੍ਰਸੰਨ ਹੋ ਕੇ) ਜਿਸ ਜਿਸ ਮਨੁੱਖ ਨੂੰ (ਪਰਮਾਤਮਾ ਨੇ) ਆਪਣਾ ਬਣਾ ਲਿਆ, ਉਸ ਨੂੰ ਪਰਮਾਤਮਾ ਨੇ ਨਿਰਭੈਤਾ ਦੀ ਦਾਤ ਦੇ ਦਿੱਤੀ ॥੨॥
34593	809	ਸਿੰਘੁ ਬਿਲਾਈ ਹੋਇ ਗਇਓ ਤ੍ਰਿਣੁ ਮੇਰੁ ਦਿਖੀਤਾ॥		Singh Bilaaee Hoe Gaeiou Thrin Maer Dhikheethaa ||	The lion becomes a cat, and the mountain looks like a blade of grass.	(ਹੇ ਮਿੱਤਰ! ਗੁਰੂ ਦੀ ਸੰਗਤਿ ਦੀ ਬਰਕਤਿ ਨਾਲ) ਸ਼ੇਰ (ਅਹੰਕਾਰ) ਬਿੱਲੀ (ਨਿਮ੍ਰਤਾ) ਬਣ ਜਾਂਦਾ ਹੈ, ਤੀਲਾ (ਗ਼ਰੀਬੀ ਸੁਭਾਉ) ਸੁਮੇਰ ਪਰਬਤ (ਬੜੀ ਵੱਡੀ ਤਾਕਤ) ਦਿੱਸਣ ਲੱਗ ਪੈਂਦਾ ਹੈ।
34594	810	ਸ੍ਰਮੁ ਕਰਤੇ ਦਮ ਆਢ ਕਉ ਤੇ ਗਨੀ ਧਨੀਤਾ॥੩॥	ਆਢਅੱਧੀ। ਦਮਦਮੜੀ। ਧਨੀਤਾਧਨੀ। (ਗਨੀ)ਗਿਣੇ ਗਏ	Sram Karathae Dham Aadt Ko Thae Ganee Dhhaneethaa ||3||	Those who worked for half a shell, will be judged very wealthy. ||3||	(ਜੇਹੜੇ ਮਨੁੱਖ ਪਹਿਲਾਂ) ਅੱਧੀ ਅੱਧੀ ਕੌਡੀ ਵਾਸਤੇ ਧੱਕੇ ਖਾਂਦੇ ਫਿਰਦੇ ਸਨ, ਉਹ ਦੌਲਤ-ਮੰਦ ਧਨਾਢ ਬਣ ਜਾਂਦੇ ਹਨ (ਮਾਇਆ ਵਲੋਂ ਬੇ-ਮੁਥਾਜ ਹੋ ਜਾਂਦੇ ਹਨ) ॥੩॥
34595	810	ਕਵਨ ਵਡਾਈ ਕਹਿ ਸਕਉ ਬੇਅੰਤ ਗੁਨੀਤਾ॥		Kavan Vaddaaee Kehi Sako Baeanth Guneethaa ||	What glorious greatness of Yours can I describe, O Lord of infinite excellences?	(ਹੇ ਮਿੱਤਰ! ਸਾਧ ਸੰਗਤਿ ਵਿਚੋਂ ਮਿਲਦੇ ਹਰਿ-ਨਾਮ ਦੀ) ਮੈਂ ਕੇਹੜੀ ਕੇਹੜੀ ਵਡਿਆਈ ਦੱਸਾਂ? ਪਰਮਾਤਮਾ ਦਾ ਨਾਮ ਬੇਅੰਤ ਗੁਣਾਂ ਦਾ ਮਾਲਕ ਹੈ।

34596	810	ਕਰਿ ਕਿਰਪਾ ਮੋਹਿ ਨਾਮੁ ਦੇਹੁ ਨਾਨਕ ਦਰ ਸਰੀਤਾ॥੪॥੭॥੩੭॥	(ਸਰੀਤਾ)ਗੋਲੀ (੨. ਦਰਸ ਰੀਤਾ)	Kar Kirapaa Mohi Naam Dhaehu Naanak Dhar Sareethaa ||4||7||37||	Please bless me with Your Mercy, and grant me Your Name; O Nanak, I am lost without the Blessed Vision of Your Darshan. ||4||7||37||	ਹੇ ਨਾਨਕ! ਅਰਦਾਸ ਕਰ, ਤੇ, ਆਖ-ਹੇ ਪ੍ਰਭੂ!) ਮੈਂ ਤੇਰੇ ਦਰ ਦਾ ਗ਼ੁਲਾਮ ਹਾਂ, ਮੇਹਰ ਕਰ ਤੇ, ਮੈਨੂੰ ਆਪਣਾ ਨਾਮ ਬਖ਼ਸ਼ ॥੪॥੭॥੩੭॥
34597	810	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34598	810	ਅਹੰਬੁਧਿ ਪਰ ਬਾਦ ਨੀਤ ਲੋਭ ਰਸਨਾ ਸਾਦਿ॥	ਪਰਪਰਾਏ। ਬਾਦਝਗੜੇ। ਅਹੰ-ਬੁੱਧਿ (੨. ਪਰਬਾਦ)	Ahanbudhh Parabaadh Neeth Lobh Rasanaa Saadh ||	He is constantly entangled in pride, conflict, greed and tasty flavors.	(ਪ੍ਰਭੂ ਦੇ ਨਾਮ ਤੋਂ ਖੁੰਝ ਕੇ ਮਨੁੱਖ) ਅਹੰਕਾਰ ਦੀ ਅਕਲ ਦੇ ਆਸਰੇ ਦੂਜਿਆਂ ਨੂੰ ਵੰਗਾਰਨ ਦੇ ਖਰ੍ਹਵੇ ਬੋਲ ਬੋਲਦਾ ਹੈ, ਸਦਾ ਲਾਲਚ ਅਤੇ ਜੀਭ ਦੇ ਸੁਆਦ ਵਿਚ (ਫਸਿਆ ਰਹਿੰਦਾ ਹੈ);
34599	810	ਲਪਟਿ ਕਪਟਿ ਗ੍ਰਿਹਿ ਬੇਧਿਆ ਮਿਥਿਆ ਬਿਖਿਆਦਿ॥੧॥		Lapatt Kapatt Grihi Baedhhiaa Mithhiaa Bikhiaadh ||1||	He is involved in deception, fraud, household affairs and corruption. ||1||	ਘਰ (ਦੇ ਮੋਹ) ਵਿਚ, ਠੱਗੀ-ਫ਼ਰੇਬ ਵਿਚ ਫਸ ਕੇ, ਨਾਸਵੰਤ ਮਾਇਆ (ਦੇ ਮੋਹ) ਵਿਚ ਵਿੱਝਾ ਰਹਿੰਦਾ ਹੈ ॥੧॥
34600	810	ਐਸੀ ਪੇਖੀ ਨੇਤ੍ਰ ਮਹਿ ਪੂਰੇ ਗੁਰ ਪਰਸਾਦਿ॥		Aisee Paekhee Naethr Mehi Poorae Gur Parasaadh ||	I have seen this with my eyes, by the Grace of the Perfect Guru.	ਹੇ ਭਾਈ! ਗੁਰੂ ਦੀ ਕਿਰਪਾ ਨਾਲ ਮੈਂ ਆਪਣੀ ਅੱਖੀਂ ਹੀ (ਜਗਤ ਦੇ ਪਦਾਰਥਾਂ ਦੀ) ਇਹੋ ਜਿਹੀ ਹਾਲਤ ਵੇਖ ਲਈ ਹੈ,

34601	810	ਰਾਜ ਮਿਲਖ ਧਨ ਜੋਬਨਾ ਨਾਮੈ ਬਿਨੁ ਬਾਦਿ॥੧॥ਰਹਾਉ॥		Raaj Milakh Dhhan Jobanaa Naamai Bin Baadh ||1|| Rehaao ||	Power, property, wealth and youth are useless, without the Naam, the Name of the Lord. ||1||Pause||	(ਕਿ ਦੁਨੀਆ ਦੀਆਂ) ਪਾਤਸ਼ਾਹੀਆਂ, ਜ਼ਮੀਨਾਂ (ਦੀ ਮਾਲਕੀ), ਧਨ ਅਤੇ ਜੁਆਨੀ (ਆਦਿਕ ਸਾਰੇ ਹੀ) ਪਰਮਾਤਮਾ ਦੇ ਨਾਮ ਤੋਂ ਬਿਨਾ ਵਿਅਰਥ ਹਨ ॥੧॥ ਰਹਾਉ ॥
34602	810	ਰੂਪ ਧੂਪ ਸੋਗੰਧਤਾ ਕਾਪਰ ਭੋਗਾਦਿ॥	(ਭੋਗਾਦਿ)ਵਿਸ਼ੇ,ਪਦਾਰਥ ਆਦਿ	Roop Dhhoop Sogandhhathaa Kaapar Bhogaadh ||	Beauty, incense, scented oils, beautiful clothes and foods	(ਪ੍ਰਭੂ ਦੇ ਨਾਮ ਤੋਂ ਖੁੰਝ ਕੇ ਜਿਸ ਸਰੀਰ ਦਾ ਮਨੁੱਖ ਮਾਣ ਕਰਦਾ ਹੈ) ਸੋਹਣੇ ਸੋਹਣੇ ਪਦਾਰਥ, ਧੂਪ ਆਦਿਕ ਸੁਗੰਧੀਆਂ, ਕੱਪੜੇ, ਚੰਗੇ ਚੰਗੇ ਖਾਣੇ-
34603	810	ਮਿਲਤ ਸੰਗਿ ਪਾਪਿਸਟ ਤਨ ਹੋਏ ਦੁਰਗਾਦਿ॥੨॥	(ਪਾਪਿਸਟ)ਮਹਾਂਪਾਪੀ, ਸ੍ਰੀਰ ਸੰਗ ਮਿਲਦਿਆਂ,	Milath Sang Paapisatt Than Hoeae Dhuragaadh ||2||	- when they come into contact with the body of the sinner, they stink. ||2||	ਮਹਾ ਵਿਕਾਰੀ ਮਨੁੱਖ ਦੇ ਸਰੀਰ ਦੇ ਨਾਲ ਛੁਹ ਕੇ ਛੁਹ ਕੇ ਦੁਰਗੰਧੀ ਦੇਣ ਵਾਲੇ ਬਣ ਜਾਂਦੇ ਹਨ ॥੨॥
34604	810	ਫਿਰਤ ਫਿਰਤ ਮਾਨੁਖੁ ਭਇਆ ਖਿਨ ਭੰਗਨ ਦੇਹਾਦਿ॥		Firath Firath Maanukh Bhaeiaa Khin Bhangan Dhaehaadh ||	Wandering, wandering around, the soul is reincarnated as a human, but this body lasts only for an instant.	ਹੇ ਭਾਈ! ਅਨੇਕਾਂ ਜੂਨਾਂ ਵਿਚ ਭਟਕਦਾ ਭਟਕਦਾ ਜੀਵ ਮਨੁੱਖ ਬਣਦਾ ਹੈ, ਇਹ ਸਰੀਰ ਭੀ ਇਕ ਖਿਨ ਵਿਚ ਨਾਸ ਹੋ ਜਾਣ ਵਾਲਾ ਹੈ (ਇਸ ਦਾ ਮਾਣ ਭੀ ਕਾਹਦਾ? ਇਸ ਸਰੀਰ ਵਿਚ ਭੀ ਪਰਮਾਤਮਾ ਦੇ ਨਾਮ ਤੋਂ ਖੁੰਝਿਆ ਰਹਿੰਦਾ ਹੈ)।

34605	810	ਇਹ ਅਉਸਰ ਤੇ ਚੂਕਿਆ ਬਹੁ ਜੋਨਿ ਭ੍ਰਮਾਦਿ॥੩॥		Eih Aousar Thae Chookiaa Bahu Jon Bhramaadh ||3||	Losing this opportunity, he must wander again through countless incarnations. ||3||	ਇਸ ਮੌਕੇ ਤੋਂ ਖੁੰਝਿਆ ਹੋਇਆ ਜੀਵ (ਫਿਰ) ਅਨੇਕਾਂ ਜੂਨਾਂ ਵਿਚ ਜਾ ਭਟਕਦਾ ਹੈ ॥੩॥
34606	810	ਪ੍ਰਭ ਕਿਰਪਾ ਤੇ ਗੁਰ ਮਿਲੇ ਹਰਿ ਹਰਿ ਬਿਸਮਾਦਿ॥		Prabh Kirapaa Thae Gur Milae Har Har Bisamaadh ||	By God's Grace,he meets the Guru; contemplating the Lord,Har, Har, he is wonderstruck.	ਹੇ ਨਾਨਕ! ਪਰਮਾਤਮਾ ਦੀ ਕਿਰਪਾ ਨਾਲ ਜੇਹੜੇ ਮਨੁੱਖ ਗੁਰੂ ਨੂੰ ਮਿਲ ਪਏ, ਉਹਨਾਂ ਨੇ ਅਚਰਜ-ਰੂਪ ਹਰੀ ਦਾ ਨਾਮ ਜਪਿਆ,
34607	810	ਸੂਖ ਸਹਜ ਨਾਨਕ ਅਨੰਦ ਤਾ ਕੈ ਪੂਰਨ ਨਾਦ॥੪॥੮॥੩੮॥	(ਨਾਦ)ਅਜਪਾ ਜਾਪ ਦੇ ਵਾਜੇ। ਅ-ਨੰਦ	Sookh Sehaj Naanak Anandh Thaa Kai Pooran Naadh ||4||8||38||	He is blessed with peace, poise and bliss, O Nanak, through the perfect sound current of the Naad. ||4||8||38||	ਉਹਨਾਂ ਦੇ ਹਿਰਦੇ ਵਿਚ ਆਤਮਕ ਅਡੋਲਤਾ ਦੇ ਸੁਖ ਆਨੰਦ ਦੇ ਵਾਜੇ ਸਦਾ ਵੱਜਣ ਲੱਗ ਪਏ ॥੪॥੮॥੩੮॥
34608	810	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34609	810	ਚਰਨ ਭਏ ਸੰਤ ਬੋਹਿਥਾ ਤਰੇ ਸਾਗਰੁ ਜੇਤ॥		Charan Bheae Santh Bohithhaa Tharae Saagar Jaeth ||	The feet of the Saints are the boat, to cross over the world-ocean.	(ਹੇ ਭਾਈ!) ਗੁਰੂ ਦੇ ਚਰਨ (ਉਸ ਮਨੁੱਖ ਵਾਸਤੇ) ਜਹਾਜ਼ ਬਣ ਗਏ ਜਿਸ (ਜਹਾਜ਼) ਦੀ ਰਾਹੀਂ ਉਹ ਮਨੁੱਖ (ਸੰਸਾਰ-) ਸਮੁੰਦਰ ਤੋਂ ਪਾਰ ਲੰਘ ਗਿਆ।

34610	810	ਮਾਰਗ ਪਾਏ ਉਦਿਆਨ ਮਹਿ ਗੁਰਿ ਦਸੇ ਭੇਤ॥੧॥	ਦੱਸੇ	Maarag Paaeae Oudhiaan Mehi Gur Dhasae Bhaeth ||1||	In the wilderness, the Guru places them on the Path, and reveals the secrets of the Lord's Mystery. ||1||	(ਜਿਸ ਮਨੁੱਖ ਨੂੰ ਹਰਿ-ਨਾਮ ਸਿਮਰਨ ਦਾ) ਭੇਤ ਗੁਰੂ ਨੇ ਦੱਸ ਦਿੱਤਾ, ਉਸ ਨੇ (ਵਿਕਾਰਾਂ ਵਲ ਲੈ ਜਾਣ ਵਾਲੇ) ਔਝੜ ਵਿਚ (ਜੀਵਨ ਦਾ ਸਹੀ) ਰਸਤਾ ਲੱਭ ਲਿਆ ॥੧॥
34611	810	ਹਰਿ ਹਰਿ ਹਰਿ ਹਰਿ ਹਰਿ ਹਰੇ ਹਰਿ ਹਰਿ ਹਰਿ ਹੇਤ॥		Har Har Har Har Har Harae Har Har Har Haeth ||	O Lord, Har Har Har, Har Har Haray, Har Har Har, I love You.	ਹੇ ਭਾਈ! ਸਦਾ ਹੀ ਹਰ ਵੇਲੇ ਪਰਮਾਤਮਾ ਦੇ ਨਾਮ ਵਿਚ ਪਿਆਰ ਪਾ।
34612	810	ਊਠਤ ਬੈਠਤ ਸੋਵਤੇ ਹਰਿ ਹਰਿ ਹਰਿ ਚੇਤ॥੧॥ਰਹਾਉ॥		Oothath Baithath Sovathae Har Har Har Chaeth ||1|| Rehaao ||	While standing up, sitting down and sleeping, think of the Lord, Har Har Har. ||1||Pause||	ਉਠਦਿਆਂ ਬੈਠਦਿਆਂ ਸੁੱਤਿਆਂ (ਹਰ ਵੇਲੇ) ਪਰਮਾਤਮਾ ਦਾ ਨਾਮ ਯਾਦ ਕਰਿਆ ਕਰ ॥੧॥ ਰਹਾਉ ॥
34613	810	ਪੰਚ ਚੋਰ ਆਗੈ ਭਗੇ ਜਬ ਸਾਧਸੰਗੇਤ॥	ਭੱਗੇ	Panch Chor Aagai Bhagae Jab Saadhhasangaeth ||	The five thieves run away, when one joins the Saadh Sangat, the Company of the Holy.	(ਹੇ ਭਾਈ!) ਜਦੋਂ (ਮਨੁੱਖ) ਸਾਧ ਸੰਗਤਿ ਵਿਚ (ਜਾ ਟਿਕਦਾ ਹੈ, ਤਦੋਂ ਕਾਮਾਦਿਕ) ਪੰਜੇ ਚੋਰ ਉਸ ਦੇ ਟਾਕਰੇ ਤੋਂ ਭੱਜ ਜਾਂਦੇ ਹਨ।

34614	810	ਪੂੰਜੀ ਸਾਬਤੁ ਘਣੋ ਲਾਭੁ ਗ੍ਰਿਹਿ ਸੋਭਾ ਸੇਤ॥੨॥		Poonjee Saabath Ghano Laabh Grihi Sobhaa Saeth ||2||	His investment is intact, and he earns great profits; his household is blessed with honor. ||2||	ਉਸ ਦੀ ਆਤਮਕ ਜੀਵਨ ਦੀ ਸਾਰੀ ਦੀ ਸਾਰੀ ਰਾਸਿ-ਪੂੰਜੀ (ਲੁੱਟੇ ਜਾਣ ਤੋਂ) ਬਚ ਜਾਂਦੀ ਹੈ, (ਸਗੋਂ ਉਸ ਨੂੰ ਇਸ ਨਾਮ-ਵਣਜ ਵਿਚ) ਬਹੁਤਾ ਨਫ਼ਾ ਭੀ ਪੈਂਦਾ ਹੈ, ਅਤੇ ਪਰਲੋਕ ਵਿਚ ਸੋਭਾ ਨਾਲ ਜਾਂਦਾ ਹੈ ॥੨॥
34615	810	ਨਿਹਚਲ ਆਸਣੁ ਮਿਟੀ ਚਿੰਤ ਨਾਹੀ ਡੋਲੇਤ॥		Nihachal Aasan Mittee Chinth Naahee Ddolaeth ||	His position is unmoving and eternal, his anxiety is ended, and he wavers no more.	(ਹੇ ਭਾਈ! ਵਿਕਾਰਾਂ ਦੇ ਟਾਕਰੇ ਤੇ) ਉਸ ਦਾ ਹਿਰਦਾ-ਆਸਣ ਅਟੱਲ ਹੋ ਜਾਂਦਾ ਹੈ, ਉਸ ਦੀ (ਹਰੇਕ ਕਿਸਮ ਦੀ) ਚਿੰਤਾ ਮਿਟ ਜਾਂਦੀ ਹੈ, ਕੁਰਾਹੇ ਜਾਣ ਵਾਲੀ ਆਦਤ ਦੂਰ ਹੋ ਜਾਂਦੀ ਹੈ। ਉਹ ਮਨੁੱਖ (ਵਿਕਾਰਾਂ ਦੇ ਸਾਹਮਣੇ) ਡੋਲਦਾ ਨਹੀਂ।
34616	810	ਭਰਮੁ ਭੁਲਾਵਾ ਮਿਟਿ ਗਇਆ ਪ੍ਰਭ ਪੇਖਤ ਨੇਤ॥੩॥		Bharam Bhulaavaa Mitt Gaeiaa Prabh Paekhath Naeth ||3||	His doubts and misgivings are dispelled, and he sees God everywhere. ||3||	(ਸਾਧ ਸੰਗਤਿ ਦੀ ਬਰਕਤਿ ਨਾਲ ਹਰ ਥਾਂ) ਅੱਖਾਂ ਨਾਲ ਪਰਮਾਤਮਾ ਦਾ ਦਰਸ਼ਨ ਕਰ ਕੇ ਉਸ ਮਨੁੱਖ ਦੀ ਭਟਕਣਾ ਮੁੱਕ ਜਾਂਦੀ ਹੈ ॥੩॥
34617	810	ਗੁਣ ਗਭੀਰ ਗੁਨ ਨਾਇਕਾ ਗੁਣ ਕਹੀਅਹਿ ਕੇਤ॥		Gun Gabheer Gun Naaeikaa Gun Keheeahi Kaeth ||	The Virtues of our Virtuous Lord and Master are so profound; how many of His Glorious Virtues should I speak?	ਪਰਮਾਤਮਾ ਗੁਣਾਂ ਦਾ ਅਥਾਹ ਸਮੁੰਦਰ ਹੈ, ਗੁਣਾਂ ਦਾ ਖ਼ਜ਼ਾਨਾ ਹੈ (ਬਿਆਨ ਕੀਤਿਆਂ) ਉਸ ਦੇ ਸਾਰੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ।

34618	810	ਨਾਨਕ ਪਾਇਆ ਸਾਧਸੰਗਿ ਹਰਿ ਹਰਿ ਅੰਮ੍ਰੇਤ॥੪॥੯॥੩੯॥		Naanak Paaeiaa Saadhhasang Har Har Anmraeth ||4||9||39||	Nanak has obtained the Ambrosial Nectar of the Lord, Har, Har, in the Company of the Holy. ||4||9||39||	ਹੇ ਨਾਨਕ! ਪਰ ਜੇਹੜਾ ਮਨੁੱਖ ਸਾਧ ਸੰਗਤਿ ਵਿਚ ਟਿਕ ਕੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਲ ਪੀਂਦਾ ਹੈ, ਉਸ ਨੂੰ ਪਰਮਾਤਮਾ ਦਾ ਮਿਲਾਪ ਪ੍ਰਾਪਤ ਹੋ ਜਾਂਦਾ ਹੈ ॥੪॥੯॥੩੯॥
34619	810	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34620	810	ਬਿਨੁ ਸਾਧੂ ਜੋ ਜੀਵਨਾ ਤੇਤੋ ਬਿਰਥਾਰੀ॥		Bin Saadhhoo Jo Jeevanaa Thaetho Birathhaaree ||	That life, which has no contact with the Holy, is useless.	(ਹੇ ਭਾਈ! ਗੁਰੂ (ਦੇ ਮਿਲਾਪ) ਤੋਂ ਬਿਨਾ ਜਿਤਨੀ ਭੀ ਉਮਰ ਗੁਜ਼ਾਰਨੀ ਹੈ, ਉਹ ਸਾਰੀ ਵਿਅਰਥ ਚਲੀ ਜਾਂਦੀ ਹੈ।
34621	810	ਮਿਲਤ ਸੰਗਿ ਸਭਿ ਭ੍ਰਮ ਮਿਟੇ ਗਤਿ ਭਈ ਹਮਾਰੀ॥੧॥		Milath Sang Sabh Bhram Mittae Gath Bhee Hamaaree ||1||	Joining their congregation, all doubts are dispelled, and I am emancipated. ||1||	ਗੁਰੂ ਦੀ ਸੰਗਤਿ ਵਿਚ ਮਿਲਦਿਆਂ ਹੀ ਸਾਰੀਆਂ ਭਟਕਣਾ ਮਿਟ ਜਾਂਦੀਆਂ ਹਨ, (ਗੁਰੂ ਦੀ ਕਿਰਪਾ ਨਾਲ) ਅਸਾਂ ਜੀਵਾਂ ਨੂੰ ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ ॥੧॥
34622	810	ਜਾ ਦਿਨ ਭੇਟੇ ਸਾਧ ਮੋਹਿ ਉਆ ਦਿਨ ਬਲਿਹਾਰੀ॥		Jaa Dhin Bhaettae Saadhh Mohi Ouaa Dhin Balihaaree ||	That day, when I meet with the Holy - I am a sacrifice to that day.	(ਹੇ ਭਾਈ!) ਮੈਂ ਉਸ ਦਿਨ ਤੋਂ ਸਦਕੇ ਜਾਂਦਾ ਹਾਂ, ਜਿਸ ਦਿਨ ਮੈਨੂੰ ਮੇਰੇ ਗੁਰੂ (ਪਾਤਿਸ਼ਾਹ) ਮਿਲ ਪਏ।

34623	810	ਤਨੁ ਮਨੁ ਅਪਨੋ ਜੀਅਰਾ ਫਿਰਿ ਫਿਰਿ ਹਉ ਵਾਰੀ॥੧॥ਰਹਾਉ॥		Than Man Apano Jeearaa Fir Fir Ho Vaaree ||1|| Rehaao ||	Again and again, I sacrifice my body, mind and soul to them. ||1||Pause||	ਹੁਣ ਮੈਂ (ਆਪਣੇ ਗੁਰੂ ਤੋਂ) ਆਪਣਾ ਸਰੀਰ, ਆਪਣਾ ਮਨ, ਆਪਣੀ ਪਿਆਰੀ ਜਿੰਦ ਮੁੜ ਮੁੜ ਸਦਕੇ ਕਰਦਾ ਹਾਂ ॥੧॥ ਰਹਾਉ ॥
34624	810	ਏਤ ਛਡਾਈ ਮੋਹਿ ਤੇ ਇਤਨੀ ਦ੍ਰਿੜਤਾਰੀ॥		Eaeth Shhaddaaee Mohi Thae Eithanee Dhrirrathaaree ||	They have helped me renounce this ego, and implant this humility within myself.	ਹੇ ਭਾਈ! (ਗੁਰੂ ਨੇ ਕਿਰਪਾ ਕਰ ਕੇ) ਮੈਥੋਂ ਅਪਣੱਤ ਇਤਨੀ ਛਡਾ ਦਿੱਤੀ ਹੈ, ਅਤੇ ਨਿੰਮ੍ਰਤਾ (ਮੇਰੇ ਹਿਰਦੇ ਵਿਚ) ਇਤਨੀ ਪੱਕੀ ਕਰ ਦਿੱਤੀ ਹੈ,
34625	810	ਸਗਲ ਰੇਨ ਇਹੁ ਮਨੁ ਭਇਆ ਬਿਨਸੀ ਅਪ ਧਾਰੀ॥੨॥		Sagal Raen Eihu Man Bhaeiaa Binasee Apadhhaaree ||2||	This mind has become the dust of all men's feet, and my self-conceit has been dispelled. ||2||	ਕਿ ਹੁਣ ਮੇਰਾ ਇਹ ਮਨ ਸਭਨਾਂ ਦੀ ਚਰਨ-ਧੂੜ ਬਣ ਗਿਆ ਹੈ, ਹਰ ਵੇਲੇ ਆਪਣੇ ਹੀ ਸੁਆਰਥ ਦਾ ਖ਼ਿਆਲ ਮੇਰੇ ਅੰਦਰੋਂ ਮੁੱਕ ਗਿਆ ਹੈ ॥੨॥
34626	810	ਨਿੰਦ ਚਿੰਦ ਪਰ ਦੂਖਨਾ ਏ ਖਿਨ ਮਹਿ ਜਾਰੀ॥	(ਚਿੰਦ)ਉਸਤਤ। (ਪਰ)ਪਰਾਏ। (ਦੂਖਨਾ)ਦੋਸ਼ ਅਰੋਪਣੇ, ਭਾਵ ਨਿੰਦਾ ਕਰਨੀ ਪਰ ਵਿਸ਼ੇਸ਼ ਕਰਕੇ ਜੀਆਂ ਨੂੰ (ਦੂਖਨਾ)ਦੁਖਾਉਣਾ	Nindh Chindh Par Dhookhanaa Eae Khin Mehi Jaaree ||	In an instant, I burnt away the ideas of slander and ill-will towards others.	ਹੇ ਭਾਈ! ਗੁਰੂ ਨੇ ਮੇਰੇ ਅੰਦਰੋਂ ਪਰਾਈ ਨਿੰਦਾ ਦਾ ਖ਼ਿਆਲ, ਦੂਜਿਆਂ ਦਾ ਬੁਰਾ ਤੱਕਣਾ-ਇਹ ਸਭ ਕੁਝ ਇਕ ਖਿਨ ਵਿਚ ਹੀ ਸਾੜ ਦਿੱਤੇ ਹਨ।

34627	810	ਦਇਆ ਮਇਆ ਅਰੁ ਨਿਕਟਿ ਪੇਖੁ ਨਾਹੀ ਦੂਰਾਰੀ॥੩॥		Dhaeiaa Maeiaa Ar Nikatt Paekh Naahee Dhooraaree ||3||	I see close at hand, the Lord of mercy and compassion; He is not far away at all. ||3||	(ਦੂਜਿਆਂ ਉਤੇ) ਦਇਆ (ਕਰਨੀ), (ਲੋੜਵੰਦਿਆਂ ਉਤੇ) ਤਰਸ (ਕਰਨਾ), ਅਤੇ (ਪਰਮਾਤਮਾ ਨੂੰ ਹਰ ਵੇਲੇ) ਆਪਣੇ ਨੇੜੇ ਵੇਖਣਾ-ਇਹ ਹਰ ਵੇਲੇ ਮੇਰੇ ਅੰਦਰ ਵੱਸਦੇ ਹਨ ॥੩॥
34628	810	ਤਨ ਮਨ ਸੀਤਲ ਭਏ ਅਬ ਮੁਕਤੇ ਸੰਸਾਰੀ॥		Than Man Seethal Bheae Ab Mukathae Sansaaree ||	My body and mind are cooled and soothed, and now, I am liberated from the world.	(ਹੇ ਭਾਈ! ਜਦੋਂ ਤੋਂ ਮੈਨੂੰ ਗੁਰੂ ਮਿਲ ਪਿਆ ਹੈ, ਉਸ ਦੀ ਮੇਹਰ ਨਾਲ) ਹੁਣ ਮੇਰਾ ਮਨ ਅਤੇ ਤਨ (ਵਿਕਾਰਾਂ ਵਲੋਂ) ਸ਼ਾਂਤ ਹੋ ਗਏ ਹਨ, ਦੁਨੀਆ ਦੇ ਮੋਹ ਤੇ ਬੰਧਨਾਂ ਤੋਂ ਆਜ਼ਾਦ ਹੋ ਗਏ ਹਨ।
34629	810	ਹੀਤ ਚੀਤ ਸਭ ਪ੍ਰਾਨ ਧਨ ਨਾਨਕ ਦਰਸਾਰੀ॥੪॥੧੦॥੪੦॥		Heeth Cheeth Sabh Praan Dhhan Naanak Dharasaaree ||4||10||40||	Love, consciousness, the breath of life, wealth and everything, O Nanak, are in the Blessed Vision of the Lord's Darshan. ||4||10||40||	ਹੇ ਨਾਨਕ! (ਆਖ-) ਹੁਣ ਮੇਰੀ ਲਗਨ, ਮੇਰੀ ਸੁਰਤਿ, ਮੇਰੀ ਜਿੰਦ ਪ੍ਰਭੂ ਦੇ ਦਰਸਨ ਵਿਚ ਹੀ ਮਗਨ ਹੈ, ਪ੍ਰਭੂ ਦਾ ਦਰਸਨ ਹੀ ਮੇਰੇ ਵਾਸਤੇ ਧਨ ਹੈ ॥੪॥੧੦॥੪੦॥
34630	810	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

34631	810	ਟਹਲ ਕਰਉ ਤੇਰੇ ਦਾਸ ਕੀ ਪਗ ਝਾਰਉ ਬਾਲ॥		Ttehal Karo Thaerae Dhaas Kee Pag Jhaaro Baal ||	I perform service for Your slave, O Lord, and wipe his feet with my hair.	(ਹੇ ਪ੍ਰਭੂ! ਮੇਹਰ ਕਰ) ਮੈਂ ਤੇਰੇ ਸੇਵਕ ਦੀ ਸੇਵਾ ਕਰਦਾ ਰਹਾਂ। ਮੈਂ (ਤੇਰੇ ਸੇਵਕ ਦੇ) ਚਰਨ (ਆਪਣੇ) ਕੇਸਾਂ ਨਾਲ ਝਾੜਦਾ ਰਹਾਂ।
34632	810	ਮਸਤਕੁ ਅਪਨਾ ਭੇਟ ਦੇਉ ਗੁਨ ਸੁਨਉ ਰਸਾਲ॥੧॥		Masathak Apanaa Bhaett Dhaeo Gun Suno Rasaal ||1||	I offer my head to him, and listen to the Glorious Praises of the Lord, the source of bliss. ||1||	ਮੈਂ ਆਪਣਾ ਸਿਰ (ਤੇਰੇ ਸੇਵਕ ਅੱਗੇ) ਭੇਟਾ ਕਰ ਦਿਆਂ, (ਤੇ ਉਸ ਪਾਸੋਂ ਤੇਰੇ) ਰਸ-ਭਰੇ ਗੁਣ ਸੁਣਦਾ ਰਹਾਂ ॥੧॥
34633	810	ਤੁਮ੍ ਮਿਲਤੇ ਮੇਰਾ ਮਨੁ ਜੀਓ ਤੁਮ੍ ਮਿਲਹੁ ਦਇਆਲ॥		Thumh Milathae Maeraa Man Jeeou Thumh Milahu Dhaeiaal ||	Meeting You, my mind is rejuvenated, so please meet me, O Merciful Lord.	ਹੇ ਦਇਆ ਦੇ ਸੋਮੇ ਪ੍ਰਭੂ! ਮੈਨੂੰ ਮਿਲ। ਤੈਨੂੰ ਮਿਲਿਆਂ ਮੇਰਾ ਮਨ ਆਤਮਕ ਜੀਵਨ ਪ੍ਰਾਪਤ ਕਰਦਾ ਹੈ।
34634	810	ਨਿਸਿ ਬਾਸੁਰ ਮਨਿ ਅਨਦੁ ਹੋਤ ਚਿਤਵਤ ਕਿਰਪਾਲ॥੧॥ਰਹਾਉ ॥	ਅ-ਨਦੁ	Nis Baasur Man Anadh Hoth Chithavath Kirapaal ||1|| Rehaao ||	Night and day, my mind enjoys bliss, contemplating the Lord of Compassion. ||1||Pause||	ਹੇ ਕਿਰਪਾ ਦੇ ਘਰ ਪ੍ਰਭੂ! (ਤੇਰੇ ਗੁਣ) ਯਾਦ ਕਰਦਿਆਂ ਦਿਨ ਰਾਤ ਮੇਰੇ ਮਨ ਵਿਚ ਆਨੰਦ ਬਣਿਆ ਰਹਿੰਦਾ ਹੈ ॥੧॥ ਰਹਾਉ ॥

34635	811	ਜਗਤ ਉਧਾਰਨ ਸਾਧ ਪ੍ਰਭ ਤਿਨ੍ ਲਾਗਹੁ ਪਾਲ॥	ਉ-ਧਾਰਨ	Jagath Oudhhaaran Saadhh Prabh Thinh Laagahu Paal ||	God's Holy people are the saviors of the world; I grab hold of the hem of their robes.	ਹੇ ਭਾਈ! ਪਰਮਾਤਮਾ ਦੀ ਭਗਤੀ ਕਰਨ ਵਾਲੇ ਗੁਰਮੁਖ ਮਨੁੱਖ ਦੁਨੀਆ (ਦੇ ਬੰਦਿਆਂ) ਨੂੰ (ਵਿਕਾਰਾਂ ਤੋਂ) ਬਚਾਣ ਦੀ ਸਮਰੱਥਾ ਵਾਲੇ ਹੁੰਦੇ ਹਨ, (ਜੇ ਵਿਕਾਰਾਂ ਤੋਂ ਬਚਣ ਦੀ ਲੋੜ ਹੈ ਤਾਂ) ਉਹਨਾਂ ਦੀ ਸਰਨ ਪਏ ਰਹੋ।
34636	811	ਮੋਕਉ ਦੀਜੈ ਦਾਨੁ ਪ੍ਰਭ ਸੰਤਨ ਪਗ ਰਾਲ॥੨॥	ਰਾਲਧੂੜੀ। ਪਗ:ਪੈਰਾ ਬੋਲੋ	Mo Ko Dheejai Dhaan Prabh Santhan Pag Raal ||2||	Bless me, O God, with the gift of the dust of the feet of the Saints. ||2||	ਹੇ ਪ੍ਰਭੂ! ਮੈਨੂੰ (ਭੀ) ਆਪਣੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਦਾ ਦਾਨ ਦੇਹ ॥੨॥
34637	811	ਉਕਤਿ ਸਿਆਨਪ ਕਛੁ ਨਹੀ ਨਾਹੀ ਕਛੁ ਘਾਲ॥		Oukath Siaanap Kashh Nehee Naahee Kashh Ghaal ||	I have no skill or wisdom at all, nor any work to my credit.	ਹੇ ਪ੍ਰਭੂ! ਮੇਰੇ ਪੱਲੇ ਦਲੀਲ ਕਰਨ ਦੀ ਸਮਰਥਾ ਨਹੀਂ, ਮੇਰੇ ਅੰਦਰ ਕੋਈ ਸਿਆਣਪ ਨਹੀਂ, ਮੈਂ ਕੋਈ ਸੇਵਾ ਦੀ ਮੇਹਨਤ ਨਹੀਂ ਕੀਤੀ,
34638	811	ਭ੍ਰਮ ਭੈ ਰਾਖਹੁ ਮੋਹ ਤੇ ਕਾਟਹੁ ਜਮ ਜਾਲ॥੩॥		Bhram Bhai Raakhahu Moh Thae Kaattahu Jam Jaal ||3||	Please, protect me from doubt, fear and emotional attachment, and cut away the noose of Death from my neck. ||3||	(ਮੇਰੀ ਤਾਂ ਤੇਰੇ ਹੀ ਦਰ ਤੇ ਅਰਜ਼ੋਈ ਹੈ-ਹੇ ਪ੍ਰਭੂ!) ਮੈਨੂੰ ਭਟਕਣਾਂ ਤੋਂ, ਡਰਾਂ ਤੋਂ, ਮੋਹ ਤੋਂ ਬਚਾ ਲੈ (ਇਹ ਭਟਕਣ, ਇਹ ਡਰ, ਇਹ ਮੋਹ ਸਭ ਜਮ ਦੇ ਜਾਲ, ਜਮ ਦੇ ਵੱਸ ਪਾਣ ਵਾਲੇ ਹਨ, ਮੇਰਾ ਇਹ) ਜਮਾਂ ਦਾ ਜਾਲ ਕੱਟ ਦੇ ॥੩॥

34639	811	ਬਿਨਉ ਕਰਉ ਕਰੁਣਾਪਤੇ ਪਿਤਾ ਪ੍ਰਤਿਪਾਲ॥	ਕਰੁਣਾ-ਪਤੇ	Bino Karo Karunaapathae Pithaa Prathipaal ||	I beg of You, O Lord of Mercy, O my Father, please cherish me!	ਹੇ ਤਰਸ ਦੇ ਸੋਮੇ! ਹੇ ਰੱਖਿਆ ਕਰਨ ਦੇ ਸਮਰੱਥ ਪ੍ਰਭੂ! ਮੈਂ (ਤੇਰੇ ਅੱਗੇ) ਬੇਨਤੀ ਕਰਦਾ ਹਾਂ।
34640	811	ਗੁਣ ਗਾਵਉ ਤੇਰੇ ਸਾਧਸੰਗਿ ਨਾਨਕ ਸੁਖ ਸਾਲ॥੪॥੧੧॥੪੧॥		Gun Gaavo Thaerae Saadhhasang Naanak Sukh Saal ||4||11||41||	I sing Your Glorious Praises, in the Saadh Sangat, the Company of the Holy, O Lord, Home of peace. ||4||11||41||	ਹੇ ਨਾਨਕ! (ਆਖ-ਹੇ ਪ੍ਰਭੂ! ਮੇਹਰ ਕਰ) ਸਾਧ ਸੰਗਤਿ ਵਿਚ ਟਿਕ ਕੇ ਮੈਂ ਤੇਰੇ ਗੁਣ ਗਾਂਦਾ ਰਹਾਂ। (ਹੇ ਪ੍ਰਭੂ!) ਤੇਰੀ ਸਾਧ ਸੰਗਤਿ ਸੁਖਾਂ ਦਾ ਘਰ ਹੈ ॥੪॥੧੧॥੪੧॥
34641	811	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34642	811	ਕੀਤਾ ਲੋੜਹਿ ਸੋ ਕਰਹਿ ਤੁਝ ਬਿਨੁ ਕਛੁ ਨਾਹਿ॥		Keethaa Lorrehi So Karehi Thujh Bin Kashh Naahi ||	Whatever You wish, You do. Without You, there is nothing.	ਹੇ ਪ੍ਰਭੂ! ਜੋ ਕੁਝ ਤੂੰ ਕਰਨਾ ਚਾਹੁੰਦਾ ਹੈਂ, ਉਹੀ ਤੂੰ ਕਰਦਾ ਹੈਂ, ਤੇਰੀ ਪ੍ਰੇਰਨਾ ਤੋਂ ਬਿਨਾ (ਜੀਵ ਪਾਸੋਂ) ਕੁਝ ਨਹੀਂ ਹੋ ਸਕਦਾ।
34643	811	ਪਰਤਾਪੁ ਤੁਮ੍ਹਾਰਾ ਦੇਖਿ ਕੈ ਜਮਦੂਤ ਛਡਿ ਜਾਹਿ॥੧॥		Parathaap Thumhaaraa Dhaekh Kai Jamadhooth Shhadd Jaahi ||1||	Gazing upon Your Glory, the Messenger of Death leaves and goes away. ||1||	ਤੇਰਾ ਤੇਜ-ਪ੍ਰਤਾਪ ਵੇਖ ਕੇ ਜਮਦੂਤ (ਭੀ ਜੀਵ ਨੂੰ) ਛੱਡ ਜਾਂਦੇ ਹਨ ॥੧॥

34644	811	ਤੁਮ੍ਰੀ ਕ੍ਰਿਪਾ ਤੇ ਛੂਟੀਐ ਬਿਨਸੈ ਅਹੰਮੇਵ॥	ਅਹੰ-ਮੇਵ	Thumharee Kirapaa Thae Shhootteeai Binasai Ahanmaev ||	By Your Grace, one is emancipated, and egotism is dispelled.	(ਹੇ ਪ੍ਰਭੂ!) (ਤੇਰੀ ਕਿਰਪਾ ਨਾਲ ਹੀ) (ਜੀਵਾਂ ਦੀ) ਹਉਮੈ ਦੂਰ ਹੋ ਸਕਦੀ ਹੈ
34645	811	ਸਰਬ ਕਲਾ ਸਮਰਥ ਪ੍ਰਭ ਪੂਰੇ ਗੁਰਦੇਵ ॥੧॥ਰਹਾਉ॥	ਸਮਰੱਥ	Sarab Kalaa Samarathh Prabh Poorae Guradhaev ||1|| Rehaao ||	God is omnipotent, possessing all powers; He is obtained through the Perfect, Divine Guru. ||1||Pause||	ਹੇ ਸਾਰੀਆਂ ਤਾਕਤਾਂ ਵਾਲੇ ਪ੍ਰਭੂ! ਹੇ ਸਭ ਕੁਝ ਕਰ ਸਕਣ ਵਾਲੇ ਪ੍ਰਭੂ! ਹੇ ਗੁਣਾਂ ਨਾਲ ਭਰਪੂਰ ਪ੍ਰਭੂ! ਹੇ ਸਭ ਤੋਂ ਵੱਡੇ ਦੇਵਤੇ ਪ੍ਰਭੂ! ਤੇਰੀ ਮੇਹਰ ਨਾਲ (ਹੀ ਵਿਕਾਰਾਂ ਤੋਂ) ਬਚ ਸਕੀਦਾ ਹੈ ॥੧॥ ਰਹਾਉ ॥
34646	811	ਖੋਜਤ ਖੋਜਤ ਖੋਜਿਆ ਨਾਮੈ ਬਿਨੁ ਕੂਰੁ॥		Khojath Khojath Khojiaa Naamai Bin Koor ||	Searching, searching, searching - without the Naam, everything is false.	ਹੇ ਪ੍ਰਭੂ! ਭਾਲ ਕਰਦਿਆਂ ਕਰਦਿਆਂ (ਆਖ਼ਰ ਮੈਂ ਇਹ ਗੱਲ) ਲੱਭ ਲਈ ਹੈ ਕਿ (ਤੇਰੇ) ਨਾਮ ਤੋਂ ਬਿਨਾ (ਹੋਰ ਸਭ ਕੁਝ) ਨਾਸਵੰਤ ਹੈ।
34647	811	ਜੀਵਨ ਸੁਖੁ ਸਭੁ ਸਾਧਸੰਗਿ ਪ੍ਰਭ ਮਨਸਾ ਪੂਰੁ॥੨॥		Jeevan Sukh Sabh Saadhhasang Prabh Manasaa Poor ||2||	All the comforts of life are found in the Saadh Sangat, the Company of the Holy; God is the Fulfiller of desires. ||2||	ਜ਼ਿੰਦਗੀ ਦਾ ਸਾਰਾ ਸੁਖ ਸਾਧ ਸੰਗਤਿ ਵਿਚ (ਹੀ ਪ੍ਰਾਪਤ ਹੁੰਦਾ ਹੈ)। ਹੇ ਪ੍ਰਭੂ! (ਮੈਨੂੰ ਭੀ ਸਾਧ ਸੰਗਤਿ ਵਿਚ ਟਿਕਾਈ ਰੱਖੀਂ, ਮੇਰੀ ਇਹ) ਤਾਂਘ ਪੂਰੀ ਕਰ ॥੨॥

34648	811	ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਹਿ ਸਿਆਨਪ ਸਭ ਜਾਲੀ॥		Jith Jith Laavahu Thith Thith Lagehi Siaanap Sabh Jaalee ||	Whatever You attach me to, to that I am attached; I have burnt away all my cleverness.	ਹੇ ਪ੍ਰਭੂ! ਜਿਸ ਜਿਸ ਕੰਮ ਵਿਚ ਤੂੰ (ਜੀਵਾਂ ਨੂੰ) ਲਾਂਦਾ ਹੈਂ, ਉਸੇ ਉਸੇ ਵਿਚ (ਜੀਵ) ਲੱਗਦੇ ਹਨ। (ਇਸ ਵਾਸਤੇ, ਹੇ ਪ੍ਰਭੂ!) ਮੈਂ ਆਪਣੀ ਸਾਰੀ ਚਤੁਰਾਈ ਮੁਕਾ ਦਿੱਤੀ ਹੈ (ਤੇ, ਤੇਰੀ ਰਜ਼ਾ ਵਿਚ ਤੁਰਨਾ ਲੋੜਦਾ ਹਾਂ)।
34649	811	ਜਤ ਕਤ ਤੁਮ੍ਹ ਭਰਪੂਰ ਹਹੁ ਮੇਰੇ ਦੀਨ ਦਇਆਲੀ॥੩॥		Jath Kath Thumh Bharapoor Hahu Maerae Dheen Dhaeiaalee ||3||	You are permeating and pervading everywhere, O my Lord, Merciful to the meek. ||3||	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਮੇਰੇ ਪ੍ਰਭੂ! ਤੂੰ (ਸਾਰੇ ਜਗਤ ਵਿਚ) ਹਰ ਥਾਂ ਮੌਜੂਦ ਹੈਂ (ਤੈਥੋਂ ਕੋਈ ਆਕੀ ਨਹੀਂ ਹੋ ਸਕਦਾ) ॥੩॥
34650	811	ਸਭੁ ਕਿਛੁ ਤੁਮ ਤੇ ਮਾਗਨਾ ਵਡਭਾਗੀ ਪਾਏ॥	ਮਾਂਗਨਾ	Sabh Kishh Thum Thae Maaganaa Vaddabhaagee Paaeae ||	I ask for everything from You, but only the very fortunate ones obtain it.	ਹੇ ਪ੍ਰਭੂ! (ਅਸੀਂ ਜੀਵ) ਸਭ ਕੁਝ ਤੇਰੇ ਪਾਸੋਂ ਹੀ ਮੰਗ ਸਕਦੇ ਹਾਂ। (ਜੇਹੜਾ) ਵਡ-ਭਾਗੀ (ਮਨੁੱਖ ਮੰਗਦਾ ਹੈ, ਉਹ) ਪ੍ਰਾਪਤ ਕਰ ਲੈਂਦਾ ਹੈ।
34651	811	ਨਾਨਕ ਕੀ ਅਰਦਾਸਿ ਪ੍ਰਭ ਜੀਵਾ ਗੁਨ ਗਾਏ॥੪॥੧੨॥੪੨॥	ਜੀਵਾਂ	Naanak Kee Aradhaas Prabh Jeevaa Gun Gaaeae ||4||12||42||	This is Nanak's prayer, O God, I live by singing Your Glorious Praises. ||4||12||42||	ਹੇ ਪ੍ਰਭੂ! (ਤੇਰੇ ਦਾਸ) ਨਾਨਕ ਦੀ (ਤੇਰੇ ਦਰ ਤੇ) ਅਰਦਾਸ ਹੈ (ਮੇਹਰ ਕਰ, ਮੈਂ ਨਾਨਕ) ਤੇਰੇ ਗੁਣ ਗਾ ਕੇ ਆਤਮਕ ਜੀਵਨ ਹਾਸਲ ਕਰ ਲਵਾਂ ॥੪॥੧੨॥੪੨॥
34652	811	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

34653	811	ਸਾਧਸੰਗਤਿ ਕੈ ਬਾਸਬੈ ਕਲਮਲ ਸਭਿ ਨਸਨਾ॥	ਨੱਸਨਾ	Saadhhasangath Kai Baasabai Kalamal Sabh Nasanaa ||	Dwelling in the Saadh Sangat, the Company of the Holy, all sins are erased.	ਹੇ ਭਾਈ! ਗੁਰੂ ਦੀ ਸੰਗਤਿ ਵਿਚ ਟਿਕੇ ਰਹਿਣ ਨਾਲ ਸਾਰੇ ਪਾਪ ਦੂਰ ਹੋ ਜਾਂਦੇ ਹਨ।
34654	811	ਪ੍ਰਭ ਸੇਤੀ ਰੰਗਿ ਰਾਤਿਆ ਤਾ ਤੇ ਗਰਭਿ ਨ ਗ੍ਰਸਨਾ॥੧॥		Prabh Saethee Rang Raathiaa Thaa Thae Garabh N Grasanaa ||1||	One who is attuned to the Love of God, is not cast into the womb of reincarnation. ||1||	(ਸਾਧ ਸੰਗਤਿ ਦੀ ਬਰਕਤਿ ਨਾਲ) ਪਰਮਾਤਮਾ ਨਾਲ (ਸਾਂਝ ਬਣਿਆਂ) ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੇ ਜਾਈਦਾ ਹੈ, ਜਿਸ ਕਰਕੇ ਜਨਮ ਮਰਨ ਦੇ ਗੇੜ ਵਿਚ ਨਹੀਂ ਫਸੀਦਾ ॥੧॥
34655	811	ਨਾਮੁ ਕਹਤ ਗੋਵਿੰਦ ਕਾ ਸੂਚੀ ਭਈ ਰਸਨਾ॥		Naam Kehath Govindh Kaa Soochee Bhee Rasanaa ||	Chanting the Name of the Lord of the Universe, the tongue becomes holy.	ਹੇ ਭਾਈ! ਪਰਮਾਤਮਾ ਦਾ ਨਾਮ ਜਪਿਆਂ (ਮਨੁੱਖ ਦੀ) ਜੀਭ ਪਵਿੱਤਰ ਹੋ ਜਾਂਦੀ ਹੈ।
34656	811	ਮਨ ਤਨ ਨਿਰਮਲੁ ਹੋਈ ਹੈ ਗੁਰ ਕਾ ਜਪੁ ਜਪਨਾ॥੧॥ਰਹਾਉ॥		Man Than Niramal Hoee Hai Gur Kaa Jap Japanaa ||1|| Rehaao ||	The mind and body become immaculate and pure, chanting the Chant of the Guru. ||1||Pause||	ਗੁਰੂ ਦਾ (ਦੱਸਿਆ ਹੋਇਆ ਹਰਿ-ਨਾਮ ਦਾ) ਜਾਪ ਜਪਿਆਂ ਮਨ ਪਵਿੱਤਰ ਹੋ ਜਾਂਦਾ ਹੈ, ਸਰੀਰ ਪਵਿੱਤਰ ਹੋ ਜਾਂਦਾ ਹੈ ॥੧॥ ਰਹਾਉ ॥

34657	811	ਹਰਿ ਰਸੁ ਚਾਖਤ ਧ੍ਰਾਪਿਆ ਮਨਿ ਰਸੁ ਲੈ ਹਸਨਾ॥	ਹੱਸਨਾ	Har Ras Chaakhath Dhhraapiaa Man Ras Lai Hasanaa ||	Tasting the subtle essence of the Lord, one is satisfied; receiving this essence, the mind becomes happy.	(ਹੇ ਭਾਈ! ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਨਾਮ ਦਾ ਰਸ ਚੱਖਿਆਂ (ਮਾਇਆ ਦੇ ਲਾਲਚ ਵਲੋਂ) ਰੱਜ ਜਾਈਦਾ ਹੈ, ਪਰਮਾਤਮਾ ਦਾ ਨਾਮ-ਰਸ ਮਨ ਵਿਚ ਵਸਾ ਕੇ ਸਦਾ ਖਿੜੇ ਰਹੀਦਾ ਹੈ।
34658	811	ਬੁਧਿ ਪ੍ਰਗਾਸ ਪ੍ਰਗਟ ਭਈ ਉਲਟਿ ਕਮਲੁ ਬਿਗਸਨਾ॥੨॥	ਬਿਗਸ-ਨਾ:ਪੋਲਾ ਬੋਲੋ	Budhh Pragaas Pragatt Bhee Oulatt Kamal Bigasanaa ||2||	The intellect is brightened and illuminated; turning away from the world, the heart-lotus blossoms forth. ||2||	ਬੁੱਧੀ ਵਿਚ (ਸਹੀ ਜੀਵਨ ਦਾ) ਚਾਨਣ ਹੋ ਜਾਂਦਾ ਹੈ, ਬੁੱਧੀ ਉੱਜਲ ਹੋ ਜਾਂਦੀ ਹੈ। ਹਿਰਦਾ-ਕੌਲ (ਮਾਇਆ ਦੇ ਮੋਹ ਵਲੋਂ) ਪਰਤ ਕੇ ਸਦਾ ਖਿੜਿਆ ਰਹਿੰਦਾ ਹੈ ॥੨॥
34659	811	ਸੀਤਲ ਸਾਂਤਿ ਸੰਤੋਖੁ ਹੋਇ ਸਭ ਬੂਝੀ ਤ੍ਰਿਸਨਾ॥	ਬੂਝੀ:ਪੋਲਾ ਬੋਲੋ	Seethal Saanth Santhokh Hoe Sabh Boojhee Thrisanaa ||	He is cooled and soothed, peaceful and content; all his thirst is quenched.	(ਹੇ ਭਾਈ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਦਾ ਜਾਪ ਕੀਤਿਆਂ ਮਨੁੱਖ ਦਾ ਮਨ) ਠੰਢਾ-ਠਾਰ ਹੋ ਜਾਂਦਾ ਹੈ, (ਮਨ ਵਿਚ) ਸ਼ਾਂਤੀ ਤੇ ਸੰਤੋਖ ਪੈਦਾ ਹੋ ਜਾਂਦਾ ਹੈ, ਮਾਇਆ ਵਾਲੀ ਸਾਰੀ ਤ੍ਰਿਸ਼ਨਾ ਮੁੱਕ ਜਾਂਦੀ ਹੈ।
34660	811	ਦਹ ਦਿਸ ਧਾਵਤ ਮਿਟਿ ਗਏ ਨਿਰਮਲ ਥਾਨਿ ਬਸਨਾ॥੩॥		Dheh Dhis Dhhaavath Mitt Geae Niramal Thhaan Basanaa ||3||	The mind's wandering in the ten directions is stopped, and one dwells in the immaculate place. ||3||	(ਮਾਇਆ ਦੀ ਖ਼ਾਤਰ) ਦਸੀਂ ਪਾਸੀਂ (ਸਾਰੇ ਜਗਤ ਵਿਚ) ਦੌੜ-ਭੱਜ ਮਿਟ ਜਾਂਦੀ ਹੈ, (ਪ੍ਰਭੂ ਦੇ ਚਰਨਾਂ ਦੇ) ਪਵਿੱਤਰ ਥਾਂ ਵਿਚ ਨਿਵਾਸ ਹੋ ਜਾਂਦਾ ਹੈ ॥੩॥

34661	811	ਰਾਖਨਹਾਰੈ ਰਾਖਿਆ ਭਏ ਭ੍ਰਮ ਭਸਨਾ॥		Raakhanehaarai Raakhiaa Bheae Bhram Bhasanaa ||	The Savior Lord saves him, and his doubts are burnt to ashes.	ਹੇ ਨਾਨਕ! ਰੱਖਿਆ ਕਰਨ ਦੇ ਸਮਰੱਥ ਪ੍ਰਭੂ ਨੇ ਜਿਸ ਮਨੁੱਖ ਦੀ (ਵਿਕਾਰਾਂ ਵਲੋਂ) ਰਾਖੀ ਕੀਤੀ, ਉਸ ਦੀਆਂ ਸਾਰੀਆਂ ਹੀ ਭਟਕਣਾਂ (ਸੜ ਕੇ) ਸੁਆਹ ਹੋ ਗਈਆਂ।
34662	811	ਨਾਮੁ ਨਿਧਾਨ ਨਾਨਕ ਸੁਖੀ ਪੇਖਿ ਸਾਧ ਦਰਸਨਾ॥੪॥੧੩॥੪੩॥		Naam Nidhhaan Naanak Sukhee Paekh Saadhh Dharasanaa ||4||13||43||	Nanak is blessed with the treasure of the Naam, the Name of the Lord. He finds peace, gazing upon the Blessed Vision of the Saints' Darshan. ||4||13||43||	ਗੁਰੂ ਦਾ ਦਰਸਨ ਕਰ ਕੇ ਉਸ ਮਨੁੱਖ ਨੇ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲਿਆ (ਜੋ, ਮਾਨੋ, ਦੁਨੀਆ ਦੇ ਸਾਰੇ ਹੀ) ਖ਼ਜ਼ਾਨੇ (ਹੈ), (ਤੇ ਨਾਮ ਦੀ ਬਰਕਤਿ ਨਾਲ ਉਹ ਸਦਾ ਲਈ) ਸੁਖੀ ਹੋ ਗਿਆ ॥੪॥੧੩॥੪੩॥
34663	811	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34664	811	ਪਾਣੀ ਪਖਾ ਪੀਸੁ ਦਾਸ ਕੈ ਤਬ ਹੋਹਿ ਨਿਹਾਲੁ॥		Paanee Pakhaa Pees Dhaas Kai Thab Hohi Nihaal ||	Carry water for the Lord's slave wave the fan over him and grind his corn; then, you shall be happy.	ਹੇ ਭਾਈ! ਪ੍ਰਭੂ ਦੇ ਭਗਤ ਦੇ ਘਰ ਵਿਚ ਪਾਣੀ (ਢੋਇਆ ਕਰ), ਪੱਖਾ (ਝੱਲਿਆ ਕਰ), (ਆਟਾ) ਪੀਹਾ ਕਰ, ਤਦੋਂ ਹੀ ਤੂੰ ਆਨੰਦ ਮਾਣੇਂਗਾ।
34665	811	ਰਾਜ ਮਿਲਖ ਸਿਕਦਾਰੀਆ ਅਗਨੀ ਮਹਿ ਜਾਲੁ॥੧॥		Raaj Milakh Sikadhaareeaa Aganee Mehi Jaal ||1||	Burn in the fire your power, property and authority. ||1||	ਦੁਨੀਆ ਦੀਆਂ ਹਕੂਮਤਾਂ, ਜ਼ਿਮੀਂ ਦੀ ਮਾਲਕੀ, ਸਰਦਾਰੀਆਂ- ਇਹਨਾਂ ਨੂੰ ਅੱਗ ਵਿਚ ਸਾੜ ਦੇ (ਇਹਨਾਂ ਦਾ ਲਾਲਚ ਛੱਡ ਦੇ) ॥੧॥

34666	811	ਸੰਤ ਜਨਾ ਕਾ ਛੋਹਰਾ ਤਿਸੁ ਚਰਣੀ ਲਾਗਿ॥		Santh Janaa Kaa Shhoharaa This Charanee Laag ||	Grasp hold of the feet of the servant of the humble Saints.	ਹੇ ਭਾਈ! ਜੇ ਗੁਰਮੁਖ ਮਨੁੱਖਾਂ ਦਾ ਨੌਕਰ (ਹੋਵੇ,) ਉਸ ਦੇ ਚਰਨੀਂ ਲੱਗਿਆ ਕਰ।
34667	811	ਮਾਇਆਧਾਰੀ ਛਤ੍ਰਪਤਿ ਤਿਨ੍ ਛੋਡਉ ਤਿਆਗਿ॥੧॥ਰਹਾਉ ॥		Maaeiaadhhaaree Shhathrapath Thinh Shhoddo Thiaag ||1|| Rehaao ||	Renounce and abandon the wealthy, the regal overlords and kings. ||1||Pause||	(ਹੇ ਭਾਈ!) ਮੈਂ ਤਾਂ (ਜੇਹੜੇ) ਵੱਡੇ ਵੱਡੇ ਧਨਾਢ ਰਾਜੇ (ਹੋਣ) ਉਹਨਾਂ ਦਾ ਸਾਥ ਛੱਡਣ ਨੂੰ ਤਿਆਰ ਹੋਵਾਂਗਾ (ਪਰ ਸੰਤ ਜਨਾਂ ਦੇ ਸੇਵਕ ਦੇ ਚਰਨਾਂ ਵਿਚ ਰਹਿਣਾ ਪਸੰਦ ਕਰਾਂਗਾ) ॥੧॥ ਰਹਾਉ ॥
34668	811	ਸੰਤਨ ਕਾ ਦਾਨਾ ਰੂਖਾ ਸੋ ਸਰਬ ਨਿਧਾਨ॥		Santhan Kaa Dhaanaa Rookhaa So Sarab Nidhhaan ||	The dry bread of the Saints is equal to all treasures.	ਹੇ ਭਾਈ! ਗੁਰਮੁਖਾਂ ਦੇ ਘਰ ਦੀ ਰੁੱਖੀ ਰੋਟੀ (ਜੇ ਮਿਲੇ ਤਾਂ ਉਸ ਨੂੰ ਦੁਨੀਆ ਦੇ) ਸਾਰੇ ਖ਼ਜ਼ਾਨੇ (ਸਮਝ)।
34669	811	ਗ੍ਰਿਹਿ ਸਾਕਤ ਛਤੀਹ ਪ੍ਰਕਾਰ ਤੇ ਬਿਖੂ ਸਮਾਨ॥੨॥	ਗ੍ਰਿਹਿ	Grihi Saakath Shhatheeh Prakaar Thae Bikhoo Samaan ||2||	The thirty-six tasty dishes of the faithless cynic, are just like poison. ||2||	ਪਰ ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਦੇ ਘਰ ਵਿਚ (ਜੇ) ਕਈ ਕਿਸਮਾਂ ਦੇ ਭੋਜਨ (ਮਿਲਣ, ਤਾਂ) ਉਹ ਜ਼ਹਿਰ ਵਰਗੇ (ਜਾਣ) ॥੨॥
34670	811	ਭਗਤ ਜਨਾ ਕਾ ਲੂਗਰਾ ਓਢਿ ਨਗਨ ਨ ਹੋਈ॥	(ਲੂਗਰਾ)ਫਟਿਆ ਬਸਤ੍ਰ, ਓਢਿਪਹਿਰਨੇ ਕਰਕੇ	Bhagath Janaa Kaa Loogaraa Oudt Nagan N Hoee ||	Wearing the old blankets of the humble devotees, one is not naked.	ਹੇ ਭਾਈ! ਪ੍ਰਭੂ ਦੀ ਭਗਤੀ ਕਰਨ ਵਾਲੇ ਮਨੁੱਖਾਂ ਪਾਸੋਂ ਜੇ ਪਾਟਾ ਹੋਇਆ ਭੂੱਰਾ ਭੀ ਮਿਲ ਜਾਏ, ਤਾਂ ਉਸ ਨੂੰ ਪਹਿਨ ਕੇ ਨੰਗਾ ਹੋਣ ਦਾ ਡਰ ਨਹੀਂ ਰਹਿੰਦਾ।

34671	811	ਸਾਕਤ ਸਿਰਪਾਉ ਰੇਸਮੀ ਪਹਿਰਤ ਪਤਿ ਖੋਈ॥੩॥		Saakath Sirapaao Raesamee Pehirath Path Khoee ||3||	But by putting on the silk clothes of the faithless cynic, one loses one's honor. ||3||	ਪ੍ਰਭੂ ਨਾਲੋਂ ਟੁੱਟੇ ਹੋਏ ਮਨੁੱਖ ਪਾਸੋਂ ਜੇ ਰੇਸ਼ਮੀ ਸਿਰੋਪਾ ਭੀ ਮਿਲੇ, ਉਹ ਪਹਿਨਿਆਂ ਇੱਜ਼ਤ ਗਵਾ ਲਈਦੀ ਹੈ ॥੩॥
34672	811	ਸਾਕਤ ਸਿਉ ਮੁਖਿ ਜੋਰਿਐ ਅਧ ਵੀਚਹੁ ਟੂਟੈ॥		Saakath Sio Mukh Joriai Adhh Veechahu Ttoottai ||	Friendship with the faithless cynic breaks down mid-way.	ਹੇ ਭਾਈ! ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਨਾਲ ਮੇਲ-ਜੋਲ ਰੱਖਿਆਂ ਉਹ ਮੇਲ-ਜੋਲ (ਤੋੜ ਨਹੀਂ ਨਿਭਦਾ) ਅੱਧ ਵਿਚੋਂ ਹੀ ਟੁੱਟ ਜਾਂਦਾ ਹੈ।
34673	811	ਹਰਿ ਜਨ ਕੀ ਸੇਵਾ ਜੋ ਕਰੇ ਇਤ ਊਤਹਿ ਛੂਟੈ॥੪॥		Har Jan Kee Saevaa Jo Karae Eith Oothehi Shhoottai ||4||	But whoever serves the humble servants of the Lord, is emancipated here and hereafter. ||4||	ਜੇਹੜਾ ਮਨੁੱਖ ਪ੍ਰਭੂ ਦੀ ਭਗਤੀ ਕਰਨ ਵਾਲੇ ਬੰਦਿਆਂ ਦੀ ਸੇਵਾ ਕਰਦਾ ਹੈ ਉਹ ਇਸ ਲੋਕ ਵਿਚ ਭੀ ਤੇ ਪਰਲੋਕ ਵਿਚ ਭੀ (ਝਗੜਿਆਂ ਬਖੇੜਿਆਂ ਤੋਂ) ਬਚਿਆ ਰਹਿੰਦਾ ਹੈ ॥੪॥
34674	811	ਸਭ ਕਿਛੁ ਤੁਮ੍ ਹੀ ਤੇ ਹੋਆ ਆਪਿ ਬਣਤ ਬਣਾਈ॥		Sabh Kishh Thumh Hee Thae Hoaa Aap Banath Banaaee ||	Everything comes from You, O Lord; You Yourself created the creation.	(ਪਰ, ਹੇ ਪ੍ਰਭੂ! ਜੀਵਾਂ ਦੇ ਕੀਹ ਵੱਸ? ਜੀਵਾਂ ਦਾ) ਹਰੇਕ ਕੰਮ ਤੇਰੀ ਪ੍ਰੇਰਨਾ ਨਾਲ ਹੀ ਹੁੰਦਾ ਹੈ। ਤੂੰ ਆਪ ਹੀ ਇਹ ਸਾਰੀ ਖੇਡ ਰਚੀ ਹੋਈ ਹੈ।

34675	811	ਦਰਸਨੁ ਭੇਟਤ ਸਾਧ ਕਾ ਨਾਨਕ ਗੁਣ ਗਾਈ॥੫॥੧੪॥੪੪॥		Dharasan Bhaettath Saadhh Kaa Naanak Gun Gaaee ||5||14||44||	Blessed with the Blessed Vision of the Darshan of the Holy, Nanak sings the Glorious Praises of the Lord. ||5||14||44||	ਹੇ ਨਾਨਕ! (ਅਰਦਾਸ ਕਰ, ਤੇ ਆਖ-ਹੇ ਪ੍ਰਭੂ! ਮੇਹਰ ਕਰ) ਮੈਂ ਗੁਰੂ ਦਾ ਦਰਸ਼ਨ ਕਰ ਕੇ (ਗੁਰੂ ਦੀ ਸੰਗਤਿ ਵਿਚ ਰਹਿ ਕੇ ਸਦਾ) ਤੇਰੇ ਗੁਣ ਗਾਂਦਾ ਰਹਾਂ ॥੫॥੧੪॥੪੪॥
34676	812	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34677	812	ਸ੍ਰਵਨੀ ਸੁਨਉ ਹਰਿ ਹਰਿ ਹਰੇ ਠਾਕੁਰ ਜਸੁ ਗਾਵਉ॥		Sravanee Suno Har Har Harae Thaakur Jas Gaavo ||	With my ears, I listen to the Lord, Har, Har; I sing the Praises of my Lord and Master.	(ਹੇ ਪ੍ਰਭੂ! ਮੇਹਰ ਕਰ) ਮੈਂ ਆਪਣੇ ਕੰਨਾਂ ਨਾਲ ਸਦਾ (ਤੈਂ) ਹਰੀ ਦਾ ਨਾਮ ਸੁਣਦਾ ਰਹਾਂ, (ਤੈਂ) ਠਾਕੁਰ ਦੀ ਸਿਫ਼ਤਿ-ਸਾਲਾਹ ਗਾਂਦਾ ਰਹਾਂ।
34678	812	ਸੰਤ ਚਰਣ ਕਰ ਸੀਸੁ ਧਰਿ ਹਰਿ ਨਾਮੁ ਧਿਆਵਉ॥੧॥		Santh Charan Kar Sees Dhhar Har Naam Dhhiaavo ||1||	I place my hands and my head upon the feet of the Saints, and meditate on the Lord's Name. ||1||	ਸੰਤਾਂ ਦੇ ਚਰਨਾਂ ਉਤੇ ਮੈਂ ਆਪਣੇ ਦੋਵੇਂ ਹੱਥ ਤੇ ਆਪਣਾ ਸਿਰ ਰੱਖ ਕੇ (ਤੈਂ) ਹਰੀ ਦਾ ਨਾਮ ਸਿਮਰਦਾ ਰਹਾਂ ॥੧॥
34679	812	ਕਰਿ ਕਿਰਪਾ ਦਇਆਲ ਪ੍ਰਭ ਇਹ ਨਿਧਿ ਸਿਧਿ ਪਾਵਉ॥		Kar Kirapaa Dhaeiaal Prabh Eih Nidhh Sidhh Paavo ||	Be kind to me, O Merciful God, and bless me with this wealth and success.	(ਮੈਂ ਤੇਰੇ ਦਰ ਤੋਂ) ਇਹ (ਸੰਤ ਜਨਾਂ ਦੀ ਚਰਨ ਧੂੜ ਦੀ ਦਾਤਿ) ਹਾਸਲ ਕਰ ਲਵਾਂ, (ਇਹੀ ਮੇਰੇ ਵਾਸਤੇ ਦੁਨੀਆ ਦੇ) ਨੌ ਖ਼ਜ਼ਾਨੇ (ਹੈ, ਇਹੀ ਮੇਰੇ ਵਾਸਤੇ ਅਠਾਰਾਂ) ਸਿੱਧੀਆਂ (ਹੈ)।

34680	812	ਸੰਤ ਜਨਾ ਕੀ ਰੇਣੁਕਾ ਲੈ ਮਾਥੈ ਲਾਵਉ॥੧॥ਰਹਾਉ॥	(ਰੇਣੁਕਾ)ਚਰਨ-ਧੂੜੀ	Santh Janaa Kee Raenukaa Lai Maathhai Laavo ||1|| Rehaao ||	Obtaining the dust of the feet of the Saints, I apply it to my forehead. ||1||Pause||	ਹੇ ਦਇਆ ਦੇ ਸੋਮੇ ਪ੍ਰਭੂ! ਮੇਹਰ ਕਰ, ਮੈਂ ਤੇਰੇ ਸੰਤ ਜਨਾਂ ਦੀ ਚਰਨ-ਧੂੜ ਲੈ ਕੇ ਆਪਣੇ ਮੱਥੇ ਉਥੇ (ਸਦਾ) ਲਾਂਦਾ ਰਹਾਂ ॥੧॥ ਰਹਾਉ ॥
34681	812	ਨੀਚ ਤੇ ਨੀਚੁ ਅਤਿ ਨੀਚੁ ਹੋਇ ਕਰਿ ਬਿਨਉ ਬੁਲਾਵਉ॥		Neech Thae Neech Ath Neech Hoe Kar Bino Bulaavo ||	I am the lowest of the low, absolutely the lowest; I offer my humble prayer.	(ਹੇ ਪ੍ਰਭੂ! ਮੇਹਰ ਕਰ) ਮੈਂ ਨੀਵੇਂ ਤੋਂ ਨੀਵਾਂ ਹੋ ਕੇ ਬਹੁਤ ਨੀਵਾਂ ਹੋ ਕੇ (ਸੰਤਾਂ ਅੱਗੇ) ਬੇਨਤੀ ਕਰ ਕੇ ਉਹਨਾਂ ਨੂੰ ਬੁਲਾਂਦਾ ਰਹਾਂ,
34682	812	ਪਾਵ ਮਲੋਵਾ ਆਪੁ ਤਿਆਗਿ ਸੰਤਸੰਗਿ ਸਮਾਵਉ॥੨॥		Paav Malovaa Aap Thiaag Santhasang Samaavo ||2||	I wash their feet, and renounce my self-conceit; I merge in the Saints' Congregation. ||2||	ਮੈਂ ਆਪਾ-ਭਾਵ ਛੱਡ ਕੇ ਸੰਤਾਂ ਦੇ ਪੈਰ ਘੁੱਟਿਆ ਕਰਾਂ ਅਤੇ ਸੰਤਾਂ ਦੀ ਸੰਗਤਿ ਵਿਚ ਟਿਕਿਆ ਰਹਾਂ ॥੨॥
34683	812	ਸਾਸਿ ਸਾਸਿ ਨਹ ਵੀਸਰੈ ਅਨ ਕਤਹਿ ਨ ਧਾਵਉ॥		Saas Saas Neh Veesarai An Kathehi N Dhhaavo ||	With each and every breath, I never forget the Lord; I never go to another.	(ਹੇ ਪ੍ਰਭੂ! ਮੇਹਰ ਕਰ) ਮੈਨੂੰ ਮੇਰੇ ਹਰੇਕ ਸਾਹ ਦੇ ਨਾਲ ਕਦੇ ਤੇਰਾ ਨਾਮ ਨਾਹ ਭੁੱਲੇ (ਗੁਰੂ ਦਾ ਦਰ ਛੱਡ ਕੇ) ਮੈਂ ਹੋਰ ਕਿਸੇ ਪਾਸੇ ਨਾਹ ਭਟਕਦਾ ਫਿਰਾਂ।

34684	812	ਸਫਲ ਦਰਸਨ ਗੁਰੁ ਭੇਟੀਐ ਮਾਨੁ ਮੋਹੁ ਮਿਟਾਵਉ॥੩॥		Safal Dharasan Gur Bhaetteeai Maan Mohu Mittaavo ||3||	Obtaining the Fruitful Vision of the Guru's Darshan, I discard my pride and attachment. ||3||	(ਹੇ ਪ੍ਰਭੂ! ਜੇ ਤੇਰੀ ਮਿਹਰ ਹੋਵੇ ਤਾਂ) ਮੈਨੂੰ ਉਹ ਗੁਰੂ ਮਿਲ ਪਏ, ਜਿਸ ਦਾ ਦਰਸਨ ਜੀਵਨ ਨੂੰ ਕਾਮਯਾਬ ਕਰ ਦੇਂਦਾ ਹੈ, (ਗੁਰੂ ਦੇ ਦਰ ਤੇ ਟਿਕ ਕੇ) ਮੈਂ (ਆਪਣੇ ਅੰਦਰੋਂ) ਅਹੰਕਾਰ ਦੂਰ ਕਰਾਂ, ਮੋਹ ਮਿਟਾਵਾਂ ॥੩॥
34685	812	ਸਤੁ ਸੰਤੋਖੁ ਦਇਆ ਧਰਮੁ ਸੀਗਾਰੁ ਬਨਾਵਉ॥		Sath Santhokh Dhaeiaa Dhharam Seegaar Banaavo ||	I am embellished with truth, contentment, compassion and Dharmic faith.	(ਹੇ ਪ੍ਰਭੂ! ਮੇਹਰ ਕਰ) ਮੈਂ ਸਤ ਨੂੰ, ਸੰਤੋਖ ਨੂੰ, ਦਇਆ ਨੂੰ, ਧਰਮ ਨੂੰ, (ਆਪਣੇ ਆਤਮਕ ਜੀਵਨ ਦੀ) ਸਜਾਵਟ ਬਣਾਈ ਰੱਖਾਂ।
34686	812	ਸਫਲ ਸੁਹਾਗਣਿ ਨਾਨਕਾ ਅਪੁਨੇ ਪ੍ਰਭ ਭਾਵਉ॥੪॥੧੫॥੪੫॥		Safal Suhaagan Naanakaa Apunae Prabh Bhaavo ||4||15||45||	My spiritual marriage is fruitful, O Nanak; I am pleasing to my God. ||4||15||45||	ਹੇ ਨਾਨਕ (ਆਖ-ਜਿਵੇਂ) ਸੋਹਾਗਣ ਇਸਤ੍ਰੀ (ਆਪਣੇ ਪਤੀ ਨੂੰ ਪਿਆਰੀ ਲੱਗਦੀ ਹੈ, ਤਿਵੇਂ, ਜੇ ਉਸ ਦੀ ਮੇਹਰ ਹੋਵੇ, ਤਾਂ) ਕਾਮਯਾਬ ਜੀਵਨ ਵਾਲਾ ਬਣ ਕੇ ਆਪਣੇ ਪ੍ਰਭੂ ਨੂੰ ਪਿਆਰਾ ਲੱਗ ਸਕਦਾ ਹਾਂ ॥੪॥੧੫॥੪੫॥
34687	812	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34688	812	ਅਟਲ ਬਚਨ ਸਾਧੂ ਜਨਾ ਸਭ ਮਹਿ ਪ੍ਰਗਟਾਇਆ॥	ਅ-ਟਲ	Attal Bachan Saadhhoo Janaa Sabh Mehi Pragattaaeiaa ||	The words of the Holy are eternal and unchanging; this is apparent to everyone.	ਹੇ ਭਾਈ! ਗੁਰੂ ਦੇ ਬਚਨ ਕਦੇ ਟਲਣ ਵਾਲੇ ਨਹੀਂ ਹਨ। ਗੁਰੂ ਨੇ ਸਾਰੇ ਜਗਤ ਵਿਚ ਇਹ ਗੱਲ ਪਰਗਟ ਸੁਣਾ ਦਿੱਤੀ ਹੈ,

34689	812	ਜਿਸੁ ਜਨ ਹੋਆ ਸਾਧਸੰਗੁ ਤਿਸੁ ਭੇਟੈ ਹਰਿ ਰਾਇਆ॥੧॥		Jis Jan Hoaa Saadhhasang This Bhaettai Har Raaeiaa ||1||	That humble being, who joins the Saadh Sangat, meets the Sovereign Lord. ||1||	ਕਿ ਜਿਸ ਮਨੁੱਖ ਨੂੰ ਗੁਰੂ ਦਾ ਸੰਗ ਪ੍ਰਾਪਤ ਹੁੰਦਾ ਹੈ, ਉਸ ਨੂੰ ਪ੍ਰਭੂ ਪਾਤਿਸ਼ਾਹ ਮਿਲ ਪੈਂਦਾ ਹੈ ॥੧॥
34690	812	ਇਹ ਪਰਤੀਤਿ ਗੋਵਿੰਦ ਕੀ ਜਪਿ ਹਰਿ ਸੁਖੁ ਪਾਇਆ॥		Eih Paratheeth Govindh Kee Jap Har Sukh Paaeiaa ||	This faith in the Lord of the Universe, and peace, are found by meditating on the Lord.	(ਗੁਰੂ ਹੀ) ਪਰਮਾਤਮਾ ਬਾਰੇ ਇਹ ਨਿਸ਼ਚਾ (ਜੀਵ ਦੇ ਅੰਦਰ ਪੈਦਾ ਕਰਦਾ ਹੈ ਕਿ) ਪਰਮਾਤਮਾ ਦਾ ਨਾਮ ਜਪ ਕੇ (ਮਨੁੱਖ) ਆਤਮਕ ਆਨੰਦ ਪ੍ਰਾਪਤ ਕਰਦਾ ਹੈ।
34691	812	ਅਨਿਕ ਬਾਤਾ ਸਭਿ ਕਰਿ ਰਹੇ ਗੁਰੁ ਘਰਿ ਲੈ ਆਇਆ॥੧॥ਰਹਾਉ ॥	ਬਾਤਾਂ	Anik Baathaa Sabh Kar Rehae Gur Ghar Lai Aaeiaa ||1|| Rehaao ||	Everyone is speaking in various ways, but the Guru has brought the Lord into the home of my self. ||1||Pause||	ਹੇ ਭਾਈ! ਸਾਰੇ ਜੀਵ (ਹੋਰ ਹੋਰ) ਅਨੇਕਾਂ ਗੱਲਾਂ ਕਰ ਕੇ ਥੱਕ ਜਾਂਦੇ ਹਨ (ਹੋਰ ਹੋਰ ਗੱਲਾਂ ਸਫਲ ਨਹੀਂ ਹੁੰਦੀਆਂ), ਗੁਰੂ (ਹੀ) ਪ੍ਰਭੂ-ਚਰਨਾਂ ਵਿਚ (ਜੀਵ ਨੂੰ) ਲਿਆ ਜੋੜਦਾ ਹੈ ॥੧॥ ਰਹਾਉ ॥
34692	812	ਸਰਣਿ ਪਰੇ ਕੀ ਰਾਖਤਾ ਨਾਹੀ ਸਹਸਾਇਆ॥		Saran Parae Kee Raakhathaa Naahee Sehasaaeiaa ||	He preserves the honor of those who seek His Sanctuary; there is no doubt about this at all.	(ਹੇ ਭਾਈ! ਗੁਰੂ ਦੱਸਦਾ ਹੈ ਕਿ) ਪਰਮਾਤਮਾ ਉਸ ਮਨੁੱਖ ਦੀ ਇੱਜ਼ਤ ਰੱਖ ਲੈਂਦਾ ਹੈ ਜੋ ਉਸ ਦੀ ਸਰਨ ਆ ਪੈਂਦਾ ਹੈ-ਇਸ ਵਿਚ ਰਤਾ ਭੀ ਸ਼ੱਕ ਨਹੀਂ।

34693	812	ਕਰਮ ਭੂਮਿ ਹਰਿ ਨਾਮੁ ਬੋਇ ਅਉਸਰੁ ਦੁਲਭਾਇਆ॥੨॥	(ਅਉਸਰੁ)ਸਮਾਂ। ਦੁਲ-ਭਾਇਆ ਬਹੁਤ ਦੁਰਲੱਭ ਹੈ।	Karam Bhoom Har Naam Boe Aousar Dhulabhaaeiaa ||2||	In the field of actions and karma, plant the Lord's Name; this opportunity is so difficult to obtain! ||2||	(ਇਸ ਵਾਸਤੇ, ਹੇ ਭਾਈ!) ਇਸ ਮਨੁੱਖਾ ਸਰੀਰ ਵਿਚ ਪਰਮਾਤਮਾ ਦਾ ਨਾਮ ਬੀਜੋ। ਇਹ ਮੌਕਾ ਬੜੀ ਮੁਸ਼ਕਿਲ ਨਾਲ ਮਿਲਦਾ ਹੈ ॥੨॥
34694	812	ਅੰਤਰਜਾਮੀ ਆਪਿ ਪ੍ਰਭੁ ਸਭ ਕਰੇ ਕਰਾਇਆ॥		Antharajaamee Aap Prabh Sabh Karae Karaaeiaa ||	God Himself is the Inner-knower, the Searcher of hearts; He does, and causes everything to be done.	(ਹੇ ਭਾਈ! ਗੁਰੂ ਦੱਸਦਾ ਹੈ ਕਿ) ਪਰਮਾਤਮਾ ਆਪ ਹੀ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ। ਸਾਰੀ ਸ੍ਰਿਸ਼ਟੀ ਉਵੇਂ ਹੀ ਕਰਦੀ ਹੈ ਜਿਵੇਂ ਪਰਮਾਤਮਾ ਪ੍ਰੇਰਦਾ ਹੈ।
34695	812	ਪਤਿਤ ਪੁਨੀਤ ਘਣੇ ਕਰੇ ਠਾਕੁਰ ਬਿਰਦਾਇਆ॥੩॥		Pathith Puneeth Ghanae Karae Thaakur Biradhaaeiaa ||3||	He purifies so many sinners; this is the natural way of our Lord and Master. ||3||	(ਸਰਨ ਪਏ) ਅਨੇਕਾਂ ਹੀ ਵਿਕਾਰੀਆਂ ਨੂੰ ਪਰਮਾਤਮਾ ਪਵਿੱਤਰ ਜੀਵਨ ਵਾਲਾ ਬਣਾ ਦੇਂਦਾ ਹੈ-ਇਹ ਉਸ ਦਾ ਮੁੱਢ-ਕਦੀਮਾਂ ਦਾ ਸੁਭਾਉ ਹੈ ॥੩॥
34696	812	ਮਤ ਭੂਲਹੁ ਮਾਨੁਖ ਜਨ ਮਾਇਆ ਭਰਮਾਇਆ॥		Math Bhoolahu Maanukh Jan Maaeiaa Bharamaaeiaa ||	Don't be fooled, O mortal being, by the illusion of Maya.	ਹੇ ਮਨੁੱਖੋ! ਮਾਇਆ ਦੀ ਭਟਕਣਾ ਵਿਚ ਪੈ ਕੇ ਇਹ ਗੱਲ ਭੁੱਲ ਨਾਹ ਜਾਈ,
34697	812	ਨਾਨਕ ਤਿਸੁ ਪਤਿ ਰਾਖਸੀ ਜੋ ਪ੍ਰਭਿ ਪਹਿਰਾਇਆ॥੪॥੧੬॥੪੬॥		Naanak This Path Raakhasee Jo Prabh Pehiraaeiaa ||4||16||46||	O Nanak, God saves the honor of those of whom He approves. ||4||16||46||	ਕਿ ਜਿਸ ਮਨੁੱਖ ਨੂੰ ਪ੍ਰਭੂ ਨੇ ਆਪ ਵਡਿਆਈ ਬਖ਼ਸ਼ੀ, ਹੇ ਨਾਨਕ! (ਆਖ-) ਉਸ ਦੀ ਉਹ ਇੱਜ਼ਤ ਜ਼ਰੂਰ ਰੱਖ ਲੈਂਦਾ ਹੈ ॥੪॥੧੬॥੪੬॥

34698	812	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34699	812	ਮਾਟੀ ਤੇ ਜਿਨਿ ਸਾਜਿਆ ਕਰਿ ਦੁਰਲਭ ਦੇਹ॥	ਦੁਰ-ਲਭ	Maattee Thae Jin Saajiaa Kar Dhuralabh Dhaeh ||	He fashioned you from clay, and made your priceless body.	ਹੇ ਭਾਈ! ਜਿਸ ਪਰਮਾਤਮਾ ਨੇ (ਜੀਵ ਦਾ) ਦੁਰਲੱਭ ਮਨੁੱਖਾ ਸਰੀਰ ਬਣਾ ਕੇ ਮਿੱਟੀ ਤੋਂ ਇਸ ਨੂੰ ਪੈਦਾ ਕਰ ਦਿੱਤਾ,
34700	812	ਅਨਿਕ ਛਿਦ੍ਰ ਮਨ ਮਹਿ ਢਕੇ ਨਿਰਮਲ ਦ੍ਰਿਸਟੇਹ॥੧॥		Anik Shhidhr Man Mehi Dtakae Niramal Dhrisattaeh ||1||	He covers the many faults in your mind, and makes you look immaculate and pure. ||1||	ਉਸ ਨੇ ਹੀ ਜੀਵ ਦੇ ਅਨੇਕਾਂ ਹੀ ਐਬ ਉਸ ਦੇ ਮਨ ਵਿਚ ਲੁਕਾ ਰੱਖੇ ਹਨ, ਜੀਵ ਦਾ ਸਰੀਰ ਫਿਰ ਭੀ ਸਾਫ਼-ਸੁਥਰਾ ਦਿੱਸਦਾ ਹੈ ॥੧॥
34701	812	ਕਿਉ ਬਿਸਰੈ ਪ੍ਰਭੁ ਮਨੈ ਤੇ ਜਿਸ ਕੇ ਗੁਣ ਏਹ॥		Kio Bisarai Prabh Manai Thae Jis Kae Gun Eaeh ||	So why do you forget God from your mind? He has done so many good things for you.	ਹੇ ਭਾਈ! ਜਿਸ (ਪਰਮਾਤਮਾ) ਦੇ ਇਹ (ਅਨੇਕਾਂ) ਗੁਣ ਹਨ, ਉਹ ਸਾਡੇ ਮਨ ਤੋਂ ਕਦੇ ਭੀ ਭੁੱਲਣਾ ਨਹੀਂ ਚਾਹੀਦਾ।
34702	812	ਪ੍ਰਭ ਤਜਿ ਰਚੇ ਜਿ ਆਨ ਸਿਉ ਸੋ ਰਲੀਐ ਖੇਹ॥੧॥ਰਹਾਉ॥		Prabh Thaj Rachae J Aan Sio So Raleeai Khaeh ||1|| Rehaao ||	One who forsakes God, and blends himself with another, in the end is blended with dust. ||1||Pause||	ਜੇਹੜਾ ਮਨੁੱਖ ਪ੍ਰਭੂ (ਦੀ ਯਾਦ) ਛੱਡ ਕੇ ਹੋਰ ਹੋਰ ਪਦਾਰਥਾਂ ਨਾਲ ਮੋਹ ਬਣਾਂਦਾ ਹੈ, ਉਹ ਮਿੱਟੀ ਵਿਚ ਰਲ ਜਾਂਦਾ ਹੈ (ਉਸ ਦਾ ਜੀਵਨ ਵਿਅਰਥ ਚਲਾ ਜਾਂਦਾ ਹੈ) ॥੧॥ ਰਹਾਉ ॥

34703	812	ਸਿਮਰਹੁ ਸਿਮਰਹੁ ਸਾਸਿ ਸਾਸਿ ਮਤ ਬਿਲਮ ਕਰੇਹ॥		Simarahu Simarahu Saas Saas Math Bilam Karaeh ||	Meditate, meditate in remembrance with each and every breath - do not delay!	ਹੇ ਭਾਈ! ਹਰੇਕ ਸਾਹ ਦੇ ਨਾਲ ਹਰ ਵੇਲੇ ਉਸ ਪਰਮਾਤਮਾ ਨੂੰ ਯਾਦ ਕਰਦੇ ਰਹੋ। ਵੇਖਣਾ, ਰਤਾ ਭੀ ਢਿੱਲ ਨਾਹ ਕਰਨੀ।
34704	812	ਛੋਡਿ ਪ੍ਰਪੰਚੁ ਪ੍ਰਭ ਸਿਉ ਰਚਹੁ ਤਜਿ ਕੂੜੇ ਨੇਹ॥੨॥		Shhodd Prapanch Prabh Sio Rachahu Thaj Koorrae Naeh ||2||	Renounce worldly affairs, and merge yourself into God; forsake false loves. ||2||	ਹੇ ਭਾਈ! ਦੁਨੀਆ ਦੇ ਨਾਸਵੰਤ ਪਦਾਰਥਾਂ ਦਾ ਪਿਆਰ ਤਿਆਗ ਕੇ, ਦਿੱਸਦੇ ਜਗਤ ਦਾ ਮੋਹ ਛੱਡ ਕੇ, ਪਰਮਾਤਮਾ ਨਾਲ ਪਿਆਰ ਬਣਾਈ ਰੱਖੋ ॥੨॥
34705	812	ਜਿਨਿ ਅਨਿਕ ਏਕ ਬਹੁ ਰੰਗ ਕੀਏ ਹੈ ਹੋਸੀ ਏਹ॥		Jin Anik Eaek Bahu Rang Keeeae Hai Hosee Eaeh ||	He is many, and He is One; He takes part in the many plays. This is as He is, and shall be.	ਹੇ ਭਾਈ! ਜਿਸ ਇੱਕ ਪਰਮਾਤਮਾ ਨੇ (ਆਪਣੇ ਆਪ ਤੋਂ ਜਗਤ ਦੇ) ਇਹ ਅਨੇਕਾਂ ਬਹੁਤ ਰੰਗ ਬਣਾ ਦਿੱਤੇ ਹਨ, ਉਹ ਹੁਣ ਭੀ (ਹਰ ਥਾਂ) ਮੌਜੂਦ ਹੈ, ਅਗਾਂਹ ਨੂੰ ਭੀ (ਸਦਾ) ਕਾਇਮ ਰਹੇਗਾ।
34706	812	ਕਰਿ ਸੇਵਾ ਤਿਸੁ ਪਾਰਬ੍ਰਹਮ ਗੁਰ ਤੇ ਮਤਿ ਲੇਹ॥੩॥		Kar Saevaa This Paarabreham Gur Thae Math Laeh ||3||	So serve that Supreme Lord God, and accept the Guru's Teachings. ||3||	ਗੁਰੂ ਤੋਂ ਸਿੱਖਿਆ ਲੈ ਕੇ ਉਸ ਪਰਮਾਤਮਾ ਦੀ ਸੇਵਾ-ਭਗਤੀ ਕਰਿਆ ਕਰੋ ॥੩॥

34707	812	ਊਚੇ ਤੇ ਊਚਾ ਵਡਾ ਸਭ ਸੰਗਿ ਬਰਨੇਹ॥	(ਬਰਨੇਹ) ਕਥਨ ਕਰੀਦੇ ਹਨ	Oochae Thae Oochaa Vaddaa Sabh Sang Baranaeh ||	God is said to be the highest of the high, the greatest of all, our companion.	ਹੇ ਭਾਈ! ਉਹ ਪ੍ਰਭੂ (ਜਗਤ ਦੀਆਂ) ਉੱਚੀਆਂ ਤੋ ਉੱਚੀਆਂ ਹਸਤੀਆਂ ਨਾਲੋਂ ਭੀ ਉੱਚਾ ਹੈ, ਵੱਡਿਆਂ ਤੋਂ ਭੀ ਵੱਡਾ ਹੈ, ਉਂਞ ਉਹ ਸਾਰੇ ਜੀਵਾਂ ਦੇ ਨਾਲ (ਵੱਸਦਾ ਭੀ) ਦੱਸਿਆ ਜਾਂਦਾ ਹੈ।
34708	812	ਦਾਸ ਦਾਸ ਕੋ ਦਾਸਰਾ ਨਾਨਕ ਕਰਿ ਲੇਹ॥੪॥੧੭॥੪੭॥		Dhaas Dhaas Ko Dhaasaraa Naanak Kar Laeh ||4||17||47||	Please, let Nanak be the slave of the slave of Your slaves. ||4||17||47||	ਹੇ ਨਾਨਕ! (ਉਸ ਪ੍ਰਭੂ ਦੇ ਦਰ ਤੇ ਅਰਦਾਸ ਕਰ, ਤੇ ਆਖ-ਹੇ ਪ੍ਰਭੂ!) ਮੈਨੂੰ ਆਪਣੇ ਦਾਸਾਂ ਦੇ ਦਾਸਾਂ ਦਾ ਛੋਟਾ ਜਿਹਾ ਦਾਸ ਬਣਾ ਲੈ ॥੪॥੧੭॥੪੭॥
34709	812	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34710	812	ਏਕ ਟੇਕ ਗੋਵਿੰਦ ਕੀ ਤਿਆਗੀ ਅਨ ਆਸ॥		Eaek Ttaek Govindh Kee Thiaagee An Aas ||	The Lord of the Universe is my only Support. I have renounced all other hopes.	ਹੇ ਭਾਈ! ਪ੍ਰਭੂ ਦੇ ਭਗਤ ਇਕ ਪ੍ਰਭੂ ਦੀ ਹੀ ਓਟ ਲੈਂਦੇ ਹਨ, ਹੋਰ (ਆਸਰਿਆਂ ਦੀ) ਆਸ ਛੱਡ ਦੇਂਦੇ ਹਨ।
34711	812	ਸਭ ਊਪਰਿ ਸਮਰਥ ਪ੍ਰਭ ਪੂਰਨ ਗੁਣਤਾਸ॥੧॥	ਸਮਰੱਥ	Sabh Oopar Samarathh Prabh Pooran Gunathaas ||1||	God is All-powerful, above all; He is the perfect treasure of virtue. ||1||	(ਉਹਨਾਂ ਨੂੰ ਨਿਸ਼ਚਾ ਰਹਿੰਦਾ ਹੈ ਕਿ) ਪ੍ਰਭੂ ਸਭ ਜੀਵਾਂ ਉਤੇ ਤਾਕਤ ਰੱਖਣ ਵਾਲਾ ਹੈ, ਸਭ ਤਾਕਤਾਂ ਨਾਲ ਭਰਪੂਰ ਹੈ, ਸਭ ਗੁਣਾਂ ਦਾ ਖ਼ਜ਼ਾਨਾ ਹੈ ॥੧॥

34712	812	ਜਨ ਕਾ ਨਾਮੁ ਅਧਾਰੁ ਹੈ ਪ੍ਰਭ ਸਰਣੀ ਪਾਹਿ॥		Jan Kaa Naam Adhhaar Hai Prabh Saranee Paahi ||	The Naam, the Name of the Lord, is the Support of the humble servant who seeks God's Sanctuary.	ਹੇ ਭਾਈ! ਪਰਮਾਤਮਾ ਦੇ ਸੇਵਕਾਂ (ਦੀ ਜ਼ਿੰਦਗੀ) ਦਾ ਆਸਰਾ ਪਰਮਾਤਮਾ ਦਾ ਨਾਮ (ਹੀ ਹੁੰਦਾ) ਹੈ, ਸੇਵਕ ਸਦਾ ਪਰਮਾਤਮਾ ਦੀ ਸਰਨ ਪਏ ਰਹਿੰਦੇ ਹਨ।
34713	812	ਪਰਮੇਸਰ ਕਾ ਆਸਰਾ ਸੰਤਨ ਮਨ ਮਾਹਿ॥੧॥ਰਹਾਉ॥		Paramaesar Kaa Aasaraa Santhan Man Maahi ||1|| Rehaao ||	In their minds, the Saints take the Support of the Transcendent Lord. ||1||Pause||	ਸੇਵਕਾਂ ਦੇ ਮਨ ਵਿਚ ਸਦਾ ਪਰਮਾਤਮਾ (ਦੇ ਨਾਮ) ਦਾ ਹੀ ਸਹਾਰਾ ਹੁੰਦਾ ਹੈ ॥੧॥ ਰਹਾਉ ॥
34714	812	ਆਪਿ ਰਖੈ ਆਪਿ ਦੇਵਸੀ ਆਪੇ ਪ੍ਰਤਿਪਾਰੈ॥		Aap Rakhai Aap Dhaevasee Aapae Prathipaarai ||	He Himself preserves, and He Himself gives. He Himself cherishes.	(ਹੇ ਭਾਈ! ਸੰਤ ਜਨਾਂ ਨੂੰ ਯਕੀਨ ਹੈ ਕਿ) ਪਰਮਾਤਮਾ ਆਪ ਹਰੇਕ ਜੀਵ ਦੀ ਰੱਖਿਆ ਕਰਦਾ ਹੈ, ਆਪ ਹਰੇਕ ਦਾਤ ਦੇਂਦਾ ਹੈ, ਆਪ ਹੀ (ਹਰੇਕ ਦੀ) ਪਾਲਣਾ ਕਰਦਾ ਹੈ।
34715	813	ਦੀਨ ਦਇਆਲ ਕ੍ਰਿਪਾਨਿਧੇ ਸਾਸਿ ਸਾਸਿ ਸਮ੍ਹਾਰੈ॥੨॥		Dheen Dhaeiaal Kirapaa Nidhhae Saas Saas Samhaarai ||2||	Merciful to the meek, the treasure of mercy, He remembers and protects us with each and every breath. ||2||	ਪ੍ਰਭੂ ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਕਿਰਪਾ ਦਾ ਸੋਮਾ ਹੈ, ਤੇ, (ਹਰੇਕ ਜੀਵ ਦੇ) ਹਰੇਕ ਸਾਹ ਨਾਲ ਸੰਭਾਲ ਕਰਦਾ ਹੈ ॥੨॥
34716	813	ਕਰਣਹਾਰੁ ਜੋ ਕਰਿ ਰਹਿਆ ਸਾਈ ਵਡਿਆਈ॥	ਸਾਂਈਂ	Karanehaar Jo Kar Rehiaa Saaee Vaddiaaee ||	Whatever the Creator Lord does is glorious and great.	ਹੇ ਭਾਈ! ਸਭ ਕੁਝ ਕਰਨ ਦੇ ਸਮਰੱਥ ਪ੍ਰਭੂ ਜੋ ਕੁਝ ਕਰ ਰਿਹਾ ਹੈ ਉਹੀ ਜੀਵਾਂ ਦੀ ਭਲਾਈ ਵਾਸਤੇ ਹੈ।

34717	813	ਗੁਰਿ ਪੂਰੈ ਉਪਦੇਸਿਆ ਸੁਖੁ ਖਸਮ ਰਜਾਈ॥੩॥		Gur Poorai Oupadhaesiaa Sukh Khasam Rajaaee ||3||	The Perfect Guru has instructed me, that peace comes by the Will of our Lord and Master. ||3||	ਜਿਸ ਮਨੁੱਖ ਨੂੰ ਪੂਰੇ ਗੁਰੂ ਨੇ (ਸਹੀ ਜੀਵਨ ਦੀ) ਸਿੱਖਿਆ ਦਿੱਤੀ (ਉਸ ਨੂੰ ਯਕੀਨ ਬਣ ਗਿਆ ਕਿ) ਮਾਲਕ-ਪ੍ਰਭੂ ਦੀ ਰਜ਼ਾ ਵਿਚ ਰਿਹਾਂ ਹੀ ਸੁਖ ਮਿਲਦਾ ਹੈ ॥੩॥
34718	813	ਚਿੰਤ ਅੰਦੇਸਾ ਗਣਤ ਤਜਿ ਜਨਿ ਹੁਕਮੁ ਪਛਾਤਾ ॥		Chinth Andhaesaa Ganath Thaj Jan Hukam Pashhaathaa ||	Anxieties, worries and calculations are dismissed; the Lord's humble servant accepts the Hukam of His Command.	ਹੇ ਨਾਨਕ! ਪਰਮਾਤਮਾ ਦੇ ਦਾਸ ਨੇ (ਦੁਨੀਆ ਵਾਲੇ) ਚਿੰਤਾ ਫ਼ਿਕਰ ਝੋਰੇ ਛੱਡ ਕੇ ਸਦਾ ਪਰਮਾਤਮਾ ਦੇ ਹੁਕਮ ਨੂੰ (ਹੀ ਆਪਣੇ ਭਲੇ ਵਾਸਤੇ) ਪਛਾਣਿਆ ਹੈ।
34719	813	ਨਹ ਬਿਨਸੈ ਨਹ ਛੋਡਿ ਜਾਇ ਨਾਨਕ ਰੰਗ ਰਾਤਾ॥੪॥੧੮॥੪੮॥		Neh Binasai Neh Shhodd Jaae Naanak Rang Raathaa ||4||18||48||	He does not die, and He does not leave; Nanak is attuned to His Love. ||4||18||48||	ਪ੍ਰਭੂ ਦਾ ਦਾਸ ਸਦਾ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ (ਉਸ ਨੂੰ ਯਕੀਨ ਹੈ ਕਿ) ਪ੍ਰਭੂ ਕਦੇ ਮਰਦਾ ਨਹੀਂ, ਅਤੇ ਹੀ ਆਪਣੇ ਸੇਵਕ ਦਾ ਸਾਥ ਛੱਡਦਾ ਹੈ ॥੪॥੧੮॥੪੮॥
34720	813	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34721	813	ਮਹਾ ਤਪਤਿ ਤੇ ਭਈ ਸਾਂਤਿ ਪਰਸਤ ਪਾਪ ਨਾਠੇ॥		Mehaa Thapath Thae Bhee Saanth Parasath Paap Naathae ||	The great fire is put out and cooled; meeting with the Guru, sins run away.	ਹੇ ਭਾਈ! (ਉਹਨਾਂ ਸੰਤ ਜਨਾਂ ਦੇ ਪੈਰ) ਪਰਸਿਆਂ ਸਾਰੇ ਪਾਪ ਨਾਸ ਹੋ ਜਾਂਦੇ ਹਨ, ਮਨ ਵਿਚ ਵਿਕਾਰਾਂ ਦੀ ਭਾਰੀ ਤਪਸ਼ ਤੋਂ ਸ਼ਾਂਤੀ ਬਣ ਜਾਂਦੀ ਹੈ।

34722	813	ਅੰਧ ਕੂਪ ਮਹਿ ਗਲਤ ਥੇ ਕਾਢੇ ਦੇ ਹਾਥੇ॥੧॥		Andhh Koop Mehi Galath Thhae Kaadtae Dhae Haathhae ||1||	I fell into the deep dark pit; giving me His Hand, He pulled me out. ||1||	ਜੇਹੜੇ ਮਨੁੱਖ (ਵਿਕਾਰਾਂ ਪਾਪਾਂ ਦੇ) ਘੁੱਪ ਹਨੇਰੇ ਖੂਹ ਵਿਚ ਗਲ-ਸੜ ਰਹੇ ਹੁੰਦੇ ਹਨ, ਉਹਨਾਂ ਨੂੰ (ਉਹ ਸੰਤ ਜਨ ਆਪਣਾ) ਹੱਥ ਦੇ ਕੇ (ਉਸ ਖੂਹ ਵਿਚੋਂ) ਕੱਢ ਲੈਂਦੇ ਹਨ ॥੧॥
34723	813	ਓਇ ਹਮਾਰੇ ਸਾਜਨਾ ਹਮ ਉਨ ਕੀ ਰੇਨ॥		Oue Hamaarae Saajanaa Ham Oun Kee Raen ||	He is my friend; I am the dust of His Feet.	ਹੇ ਭਾਈ! ਜੇਹੜੇ (ਸੰਤ ਜਨ ਮੈਨੂੰ) ਆਤਮਕ ਜੀਵਨ ਦੀ ਦਾਤ ਦੇਂਦੇ ਹਨ, ਉਹ (ਹੀ) ਮੇਰੇ (ਅਸਲ) ਮਿੱਤਰ ਹਨ।
34724	813	ਜਿਨ ਭੇਟਤ ਹੋਵਤ ਸੁਖੀ ਜੀਅ ਦਾਨੁ ਦੇਨ॥੧॥ਰਹਾਉ॥		Jin Bhaettath Hovath Sukhee Jeea Dhaan Dhaen ||1|| Rehaao ||	Meeting with Him, I am at peace; He blesses me with the gift of the soul. ||1||Pause||	ਜਿਨ੍ਹਾਂ ਨੂੰ ਮਿਲਿਆਂ (ਮੇਰਾ ਮਨ) ਆਨੰਦ ਨਾਲ ਭਰਪੂਰ ਹੋ ਜਾਂਦਾ ਹੈ, ਮੈਂ ਉਹਨਾਂ ਦੇ ਚਰਨਾਂ ਦੀ ਧੂੜ (ਲੋਚਦਾ) ਹਾਂ ॥੧॥ ਰਹਾਉ ॥
34725	813	ਪਰਾ ਪੂਰਬਲਾ ਲੀਖਿਆ ਮਿਲਿਆ ਅਬ ਆਇ॥		Paraa Poorabalaa Leekhiaa Miliaa Ab Aae ||	I have now received my pre-ordained destiny.	ਹੇ ਭਾਈ! ਇਸ ਮਨੁੱਖਾ ਜਨਮ ਵਿਚ (ਜਦੋਂ ਕਿਸੇ ਮਨੁੱਖ ਨੂੰ ਕੋਈ ਸੰਤ ਜਨ ਮਿਲ ਪੈਂਦਾ ਹੈ, ਤਾਂ) ਬੜੇ ਪੂਰਬਲੇ ਜਨਮ ਤੋਂ ਉਸ ਦੇ ਮੱਥੇ ਉਤੇ ਲਿਖਿਆ ਲੇਖ ਉਘੜ ਪੈਂਦਾ ਹੈ।
34726	813	ਬਸਤ ਸੰਗਿ ਹਰਿ ਸਾਧ ਕੈ ਪੂਰਨ ਆਸਾਇ॥੨॥		Basath Sang Har Saadhh Kai Pooran Aasaae ||2||	Dwelling with the Lord's Holy Saints, my hopes are fulfilled. ||2||	ਪ੍ਰਭੂ ਦੇ ਸੇਵਕ-ਜਨ ਦੀ ਸੰਗਤਿ ਵਿਚ ਵੱਸਦਿਆਂ (ਉਸ ਮਨੁੱਖ ਦੀਆਂ ਸਾਰੀਆਂ ਆਸਾਂ ਪੂਰੀਆਂ ਹੋ ਜਾਂਦੀਆਂ ਹਨ ॥੨॥

34727	813	ਭੈ ਬਿਨਸੇ ਤਿਹੁ ਲੋਕ ਕੇ ਪਾਏ ਸੁਖ ਥਾਨ॥		Bhai Binasae Thihu Lok Kae Paaeae Sukh Thhaan ||	The fear of the three worlds is dispelled, and I have found my place of rest and peace.	ਹੇ ਭਾਈ! (ਕਿਉਂਕਿ ਗੁਰੂ ਦੀ ਕਿਰਪਾ ਨਾਲ) ਉਸ ਦੇ ਮਨ ਵਿਚ ਪ੍ਰਭੂ ਦਾ ਨਾਮ ਵੱਸ ਪੈਂਦਾ ਹੈ, ਸਾਰੇ ਜਗਤ ਨੂੰ ਡਰਾਣ ਵਾਲੇ (ਉਸ ਦੇ) ਸਾਰੇ ਡਰ ਨਾਸ ਹੋ ਜਾਂਦੇ ਹਨ।
34728	813	ਦਇਆ ਕਰੀ ਸਮਰਥ ਗੁਰਿ ਬਸਿਆ ਮਨਿ ਨਾਮ॥੩॥	ਸਮਰੱਥ	Dhaeiaa Karee Samarathh Gur Basiaa Man Naam ||3||	The all-powerful Guru has taken pity upon me, and the Naam has come to dwell in my mind. ||3||	ਸਭ ਕੁਝ ਕਰ ਸਕਣ ਵਾਲੇ ਗੁਰੂ ਨੇ ਜਿਸ ਮਨੁੱਖ ਉਤੇ ਦਇਆ ਕੀਤੀ, ਉਸ ਨੂੰ ਸੁਖਾਂ ਦਾ ਟਿਕਾਣਾ (ਸਾਧ-ਸੰਗ) ਮਿਲ ਜਾਂਦਾ ਹੈ ॥੩॥
34729	813	ਨਾਨਕ ਕੀ ਤੂ ਟੇਕ ਪ੍ਰਭ ਤੇਰਾ ਆਧਾਰ॥		Naanak Kee Thoo Ttaek Prabh Thaeraa Aadhhaar ||	O God, You are the Anchor and Support of Nanak.	ਹੇ ਜਗਤ ਦੇ ਮੂਲ ਪ੍ਰਭੂ! ਨਾਨਕ ਦੀ ਤੂੰ ਹੀ ਓਟ ਹੈਂ, ਨਾਨਕ ਦਾ ਤੂੰ ਹੀ ਆਸਰਾ ਹੈਂ।
34730	813	ਕਰਣ ਕਾਰਣ ਸਮਰਥ ਪ੍ਰਭ ਹਰਿ ਅਗਮ ਅਪਾਰ॥੪॥੧੯॥੪੯॥	(ਅ-ਗਮ)ਸੋਗ ਰਹਿਤ।ਅਗਮ:ਪੋਲਾ ਬੋਲੋ	Karan Kaaran Samarathh Prabh Har Agam Apaar ||4||19||49||	He is the Doer, the Cause of causes; the All-powerful Lord God is inaccessible and infinite. ||4||19||49||	ਹੇ ਸਾਰੀਆਂ ਤਾਕਤਾਂ ਦੇ ਮਾਲਕ ਪ੍ਰਭੂ! ਹੇ ਅਪਹੁੰਚ ਹਰੀ! ਹੇ ਬੇਅੰਤ ਹਰੀ! (ਮੈਨੂੰ ਨਾਨਕ ਨੂੰ ਭੀ ਗੁਰੂ ਮਿਲਾ, ਸੰਤ ਜਨ ਮਿਲਾ) ॥੪॥੧੯॥੪੯॥
34731	813	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

34732	813	ਸੋਈ ਮਲੀਨੁ ਦੀਨੁ ਹੀਨੁ ਜਿਸੁ ਪ੍ਰਭੁ ਬਿਸਰਾਨਾ॥		Soee Maleen Dheen Heen Jis Prabh Bisaraanaa ||	One who forgets God is filthy, poor and low.	ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਭੁੱਲ ਜਾਂਦਾ ਹੈ, ਉਹੀ ਮਨੁੱਖ ਗੰਦਾ ਹੈ, ਕੰਗਾਲ ਹੈ, ਨੀਚ ਹੈ।
34733	813	ਕਰਨੈਹਾਰੁ ਨ ਬੂਝਈ ਆਪੁ ਗਨੈ ਬਿਗਾਨਾ॥੧॥	ਬੂੱਝਈ	Karanaihaar N Boojhee Aap Ganai Bigaanaa ||1||	The fool does not understand the Creator Lord; instead, he thinks that he himself is the doer. ||1||	ਉਹ ਮੂਰਖ ਮਨੁੱਖ ਆਪਣੇ ਆਪ ਨੂੰ (ਕੋਈ ਵੱਡੀ ਹਸਤੀ) ਸਮਝਦਾ ਰਹਿੰਦਾ ਹੈ, ਸਭ ਕੁਝ ਕਰਨ ਦੇ ਸਮਰੱਥ ਪ੍ਰਭੂ ਨੂੰ ਕੁਝ ਸਮਝਦਾ ਹੀ ਨਹੀਂ ॥੧॥
34734	813	ਦੂਖੁ ਤਦੇ ਜਦਿ ਵੀਸਰੈ ਸੁਖੁ ਪ੍ਰਭ ਚਿਤਿ ਆਏ॥		Dhookh Thadhae Jadh Veesarai Sukh Prabh Chith Aaeae ||	Pain comes, when one forgets Him. Peace comes when one remembers God.	(ਹੇ ਭਾਈ! ਮਨੁੱਖ ਨੂੰ) ਤਦੋਂ ਹੀ ਦੁੱਖ ਵਾਪਰਦਾ ਹੈ ਜਦੋਂ ਇਸ ਨੂੰ ਪਰਮਾਤਮਾ ਭੁੱਲ ਜਾਂਦਾ ਹੈ। ਪਰਮਾਤਮਾ ਮਨ ਵਿਚ ਵੱਸਿਆਂ (ਸਦਾ) ਸੁਖ ਪ੍ਰਤੀਤ ਹੁੰਦਾ ਹੈ।
34735	813	ਸੰਤਨ ਕੈ ਆਨੰਦੁ ਏਹੁ ਨਿਤ ਹਰਿ ਗੁਣ ਗਾਏ॥੧॥ਰਹਾਉ॥		Santhan Kai Aanandh Eaehu Nith Har Gun Gaaeae ||1|| Rehaao ||	This is the way the Saints are in bliss - they continually sing the Glorious Praises of the Lord. ||1||Pause||	ਪ੍ਰਭੂ ਦਾ ਸੇਵਕ ਸਦਾ ਪ੍ਰਭੂ ਦੇ ਗੁਣ ਗਾਂਦਾ ਰਹਿੰਦਾ ਹੈ। ਸੇਵਕਾਂ ਦੇ ਹਿਰਦੇ ਵਿਚ ਇਹ ਆਨੰਦ ਟਿਕਿਆ ਰਹਿੰਦਾ ਹੈ ॥੧॥ ਰਹਾਉ ॥
34736	813	ਊਚੇ ਤੇ ਨੀਚਾ ਕਰੈ ਨੀਚ ਖਿਨ ਮਹਿ ਥਾਪੈ॥		Oochae Thae Neechaa Karai Neech Khin Mehi Thhaapai ||	The high, He makes low, and the low, he elevates in an instant.	(ਪਰ, ਹੇ ਭਾਈ! ਯਾਦ ਰੱਖ) ਪਰਮਾਤਮਾ ਉੱਚੇ (ਆਕੜਖਾਨ) ਤੋਂ ਨੀਵਾਂ ਬਣਾ ਦੇਂਦਾ ਹੈ, ਅਤੇ ਨੀਵਿਆਂ ਨੂੰ ਇਕ ਖਿਨ ਵਿਚ ਹੀ ਇੱਜ਼ਤ ਵਾਲੇ ਬਣਾ ਦੇਂਦਾ ਹੈ।

34737	813	ਕੀਮਤਿ ਕਹੀ ਨ ਜਾਈਐ ਠਾਕੁਰ ਪਰਤਾਪੈ॥੨॥		Keemath Kehee N Jaaeeai Thaakur Parathaapai ||2||	The value of the glory of our Lord and Master cannot be estimated. ||2||	ਉਸ ਪਰਮਾਤਮਾ ਦੇ ਪਰਤਾਪ ਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ ॥੨॥
34738	813	ਪੇਖਤ ਲੀਲਾ ਰੰਗ ਰੂਪ ਚਲਨੈ ਦਿਨੁ ਆਇਆ॥		Paekhath Leelaa Rang Roop Chalanai Dhin Aaeiaa ||	While he gazes upon beautiful dramas and plays, the day of his departure dawns.	(ਹੇ ਭਾਈ! ਦੁਨੀਆ ਦੇ) ਖੇਲ-ਤਮਾਸ਼ੇ (ਦੁਨੀਆ ਦੇ) ਰੰਗ ਰੂਪ ਵੇਖਦਿਆਂ ਵੇਖਦਿਆਂ (ਹੀ ਮਨੁੱਖ ਦਾ ਦੁਨੀਆ ਤੋਂ) ਤੁਰਨ ਦਾ ਦਿਨ ਆ ਪਹੁੰਚਦਾ ਹੈ।
34739	813	ਸੁਪਨੇ ਕਾ ਸੁਪਨਾ ਭਇਆ ਸੰਗਿ ਚਲਿਆ ਕਮਾਇਆ॥੩॥		Supanae Kaa Supanaa Bhaeiaa Sang Chaliaa Kamaaeiaa ||3||	The dream becomes the dream, and his actions do not go along with him. ||3||	ਇਹਨਾਂ ਰੰਗ-ਤਮਾਸ਼ਿਆਂ ਨਾਲੋਂ ਸਾਥ ਮੁੱਕਣਾ ਹੀ ਸੀ, ਉਹ ਸਾਥ ਮੁੱਕ ਜਾਂਦਾ ਹੈ, ਮਨੁੱਖ ਦੇ ਨਾਲ ਕੀਤੇ ਹੋਏ ਕਰਮ ਹੀ ਜਾਂਦੇ ਹਨ ॥੩॥
34740	813	ਕਰਣ ਕਾਰਣ ਸਮਰਥ ਪ੍ਰਭ ਤੇਰੀ ਸਰਣਾਈ॥	ਸਮਰੱਥ	Karan Kaaran Samarathh Prabh Thaeree Saranaaee ||	God is All-powerful, the Cause of causes; I seek Your Sanctuary.	ਹੇ ਜਗਤ ਦੇ ਰਚਨਹਾਰ ਪ੍ਰਭੂ! ਹੇ ਸਾਰੀਆਂ ਤਾਕਤਾਂ ਦੇ ਮਾਲਕ ਪ੍ਰਭੂ! (ਤੇਰਾ ਦਾਸ ਨਾਨਕ) ਤੇਰੀ ਸਰਣ ਆਇਆ ਹੈ।
34741	813	ਹਰਿ ਦਿਨਸੁ ਰੈਣਿ ਨਾਨਕੁ ਜਪੈ ਸਦ ਸਦ ਬਲਿ ਜਾਈ॥੪॥੨੦॥੫੦॥		Har Dhinas Rain Naanak Japai Sadh Sadh Bal Jaaee ||4||20||50||	Day and night, Nanak meditates on the Lord; forever and ever he is a sacrifice. ||4||20||50||	ਹੇ ਹਰੀ! ਨਾਨਕ ਦਿਨ ਰਾਤ (ਤੇਰਾ ਹੀ ਨਾਮ) ਜਪਦਾ ਹੈ, ਤੈਥੋਂ ਹੀ ਸਦਾ ਸਦਾ ਸਦਕੇ ਜਾਂਦਾ ਹੈ ॥੪॥੨੦॥੫੦॥

34742	813	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34743	813	ਜਲੁ ਢੋਵਉ ਇਹ ਸੀਸ ਕਰਿ ਕਰ ਪਗ ਪਖਲਾਵਉ॥	ਕਰਹੱਥਾਂ। ਪਖਲਾਵਉਧੋਣਾ।ਪਗ:ਪੋਲਾ ਬੋਲੋ	Jal Dtovo Eih Sees Kar Kar Pag Pakhalaavo ||	I carry water on my head, and with my hands I wash their feet.	(ਹੇ ਭਾਈ! ਮੇਰੀ ਇਹ ਤਾਂਘ ਹੈ ਕਿ ਗੁਰੂ ਦੇ ਘਰ ਵਿਚ) ਮੈਂ ਆਪਣੇ ਸਿਰ ਨਾਲ ਪਾਣੀ ਢੋਇਆ ਕਰਾਂ, ਅਤੇ ਆਪਣੇ ਹੱਥਾਂ ਨਾਲ (ਸੰਤ ਜਨਾਂ ਦੇ) ਪੈਰ ਧੋਇਆ ਕਰਾਂ।
34744	813	ਬਾਰਿ ਜਾਉ ਲਖ ਬੇਰੀਆ ਦਰਸੁ ਪੇਖਿ ਜੀਵਾਵਉ॥੧॥	ਬੇਰੀਆ:ਕੰਨੇ ਬਿੰਦੀ ਨਹੀਂ ਲਾਉਣੀ	Baar Jaao Lakh Baereeaa Dharas Paekh Jeevaavo ||1||	Tens of thousands of times, I am a sacrifice to them; gazing upon the Blessed Vision of their Darshan, I live. ||1||	ਮੈਂ ਲੱਖਾਂ ਵਾਰੀ (ਗੁਰੂ ਤੋਂ) ਸਦਕੇ ਜਾਵਾਂ ਅਤੇ (ਗੁਰੂ ਦੀ ਸੰਗਤਿ ਦਾ) ਦਰਸਨ ਕਰ ਕੇ (ਆਪਣੇ ਅੰਦਰ) ਆਤਮਕ ਜੀਵਨ ਪੈਦਾ ਕਰਦਾ ਰਹਾਂ ॥੧॥
34745	813	ਕਰਉ ਮਨੋਰਥ ਮਨੈ ਮਾਹਿ ਅਪਨੇ ਪ੍ਰਭ ਤੇ ਪਾਵਉ॥		Karo Manorathh Manai Maahi Apanae Prabh Thae Paavo ||	The hopes which I cherish in my mind - my God fulfills them all.	(ਹੇ ਭਾਈ! ਮੇਰੀ ਸਦਾ ਇਹੀ ਅਰਜ਼ੋਈ ਹੈ ਕਿ) ਮੈਂ ਜੇਹੜੀ ਭੀ ਮੰਗ ਆਪਣੇ ਮਨ ਵਿਚ ਕਰਾਂ, ਉਹ ਮੰਗ ਮੈਂ ਆਪਣੇ ਪਰਮਾਤਮਾ ਤੋਂ ਪ੍ਰਾਪਤ ਕਰ ਲਵਾਂ।
34746	813	ਦੇਉ ਸੂਹਨੀ ਸਾਧ ਕੈ ਬੀਜਨੁ ਢੋਲਾਵਉ॥੧॥ਰਹਾਉ ॥	ਸੂਹਨੀਝਾੜੂ। ਬੀਜਨੁਪੱਖਾ	Dhaeo Soohanee Saadhh Kai Beejan Dtolaavo ||1|| Rehaao ||	With my broom, I sweep the homes of the Holy Saints, and wave the fan over them. ||1||Pause||	ਮੈਂ ਗੁਰੂ ਦੇ ਘਰ ਵਿਚ (ਸਾਧ ਸੰਗਤਿ ਵਿਚ) ਝਾੜੂ ਦਿਆ ਕਰਾਂ ਅਤੇ ਪੱਖਾਂ ਝੱਲਿਆ ਕਰਾਂ ॥੧॥ ਰਹਾਉ ॥

34747	813	ਅੰਮ੍ਰਿਤ ਗੁਣ ਸੰਤ ਬੋਲਤੇ ਸੁਣਿ ਮਨਹਿ ਪੀਲਾਵਉ॥		Anmrith Gun Santh Bolathae Sun Manehi Peelaavo ||	The Saints chant the Ambrosial Praises of the Lord; I listen, and my mind drinks it in.	(ਹੇ ਭਾਈ! ਮੇਰੀ ਇਹ ਅਰਦਾਸਿ ਹੈ ਕਿ ਸਾਧ ਸੰਗਤਿ ਵਿਚ) ਸੰਤ ਜਨ ਪਰਮਾਤਮਾ ਦੇ ਆਤਮਕ ਜੀਵਨ ਦੇਣ ਵਾਲੇ ਜੋ ਗੁਣ ਉਚਾਰਦੇ ਹਨ, ਉਹਨਾਂ ਨੂੰ ਸੁਣ ਕੇ ਮੈਂ ਆਪਣੇ ਮਨ ਨੂੰ (ਨਾਮ-ਅੰਮ੍ਰਿਤ) ਪਿਲਾਇਆ ਕਰਾਂ।
34748	813	ਉਆ ਰਸ ਮਹਿ ਸਾਂਤਿ ਤ੍ਰਿਪਤਿ ਹੋਇ ਬਿਖੈ ਜਲਨਿ ਬੁਝਾਵਉ॥੨॥	ਬੁਝਾਵਉ:ਪੋਲਾ ਬੋਲੋ	Ouaa Ras Mehi Saanth Thripath Hoe Bikhai Jalan Bujhaavo ||2||	That sublime essence calms and soothes me, and quenches the fire of sin and corruption. ||2||	(ਨਾਮ-ਅੰਮ੍ਰਿਤ ਦੇ) ਉਸ ਸੁਆਦ ਵਿਚ (ਮੇਰੇ ਅੰਦਰ) ਸ਼ਾਂਤੀ ਅਤੇ (ਤ੍ਰਿਸ਼ਨਾ ਤੋਂ) ਰਜੇਵਾਂ ਪੈਦਾ ਹੋਵੇ, (ਨਾਮ-ਅੰਮ੍ਰਿਤ ਦੀ ਸਹਾਇਤਾ ਨਾਲ) ਮੈਂ (ਆਪਣੇ ਅੰਦਰੋਂ) ਵਿਸ਼ਿਆਂ ਦੀ ਸੜਨ ਬੁਝਾਂਦਾ ਰਹਾਂ ॥੨॥
34749	813	ਜਬ ਭਗਤਿ ਕਰਹਿ ਸੰਤ ਮੰਡਲੀ ਤਿਨ੍ ਮਿਲਿ ਹਰਿ ਗਾਵਉ॥		Jab Bhagath Karehi Santh Manddalee Thinh Mil Har Gaavo ||	When the galaxy of Saints worship the Lord in devotion, I join them, singing the Glorious Praises of the Lord.	(ਹੇ ਭਾਈ! ਮੇਰੀ ਇਹੀ ਅਰਦਾਸਿ ਹੈ ਕਿ) ਜਦੋਂ ਸੰਤ ਜਨ ਸਾਧ ਸੰਗਤਿ ਵਿਚ ਬੈਠ ਕੇ ਪਰਮਾਤਮਾ ਦੀ ਭਗਤੀ ਕਰਦੇ ਹਨ, ਉਹਨਾਂ ਨਾਲ ਮਿਲ ਕੇ ਮੈਂ ਭੀ ਪਰਮਾਤਮਾ ਦੇ ਗੁਣ ਗਾਇਆ ਕਰਾਂ।
34750	813	ਕਰਉ ਨਮਸਕਾਰ ਭਗਤ ਜਨ ਧੂਰਿ ਮੁਖਿ ਲਾਵਉ॥੩॥		Karo Namasakaar Bhagath Jan Dhhoor Mukh Laavo ||3||	I bow in reverence to the humble devotees, and apply the dust of their feet to my face. ||3||	ਮੈਂ ਸੰਤ ਜਨਾਂ ਅੱਗੇ ਸਿਰ ਨਿਵਾਇਆ ਕਰਾਂ, ਅਤੇ ਉਹਨਾਂ ਦੇ ਚਰਨਾਂ ਦੀ ਧੂੜ (ਆਪਣੇ) ਮੱਥੇ ਉੱਤੇ ਲਾਇਆ ਕਰਾਂ ॥੩॥

34751	813	ਊਠਤ ਬੈਠਤ ਜਪਉ ਨਾਮੁ ਇਹੁ ਕਰਮੁ ਕਮਾਵਉ॥	ਕਮਾਵ-ਉ	Oothath Baithath Japo Naam Eihu Karam Kamaavo ||	Sitting down and standing up, I chant the Naam, the Name of the Lord; this is what I do.	ਹੇ ਪ੍ਰਭੂ! (ਤੇਰੇ ਦਰ ਤੇ) ਨਾਨਕ ਦੀ ਇਹੀ ਬੇਨਤੀ ਹੈ ਕਿ ਉਠਦਿਆਂ ਬੈਠਦਿਆਂ (ਹਰ ਵੇਲੇ) ਮੈਂ (ਤੇਰਾ) ਨਾਮ ਜਪਿਆ ਕਰਾਂ।
34752	813	ਨਾਨਕ ਕੀ ਪ੍ਰਭ ਬੇਨਤੀ ਹਰਿ ਸਰਨਿ ਸਮਾਵਉ॥੪॥੨੧॥ ੫੧॥		Naanak Kee Prabh Baenathee Har Saran Samaavo ||4||21||51||	This is Nanak's prayer to God, that he may merge in the Lord's Sanctuary. ||4||21||51||	ਮੈਂ ਇਸ ਕੰਮ ਨੂੰ (ਹੀ ਸ੍ਰੇਸ਼ਟ ਜਾਣ ਕੇ ਨਿੱਤ) ਕਰਿਆ ਕਰਾਂ, ਅਤੇ, ਹੇ ਹਰੀ! ਮੈਂ ਤੇਰੇ ਹੀ ਚਰਨਾਂ ਵਿਚ ਲੀਨ ਰਹਾਂ ॥੪॥੨੧॥੫੧॥
34753	813	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34754	813	ਇਹੁ ਸਾਗਰੁ ਸੋਈ ਤਰੈ ਜੋ ਹਰਿ ਗੁਣ ਗਾਏ॥		Eihu Saagar Soee Tharai Jo Har Gun Gaaeae ||	He alone crosses over this world-ocean, who sings the Glorious Praises of the Lord.	(ਹੇ ਭਾਈ! ਇਹ ਜਗਤ, ਮਾਨੋ, ਇਕ ਸਮੁੰਦਰ ਹੈ ਜਿਸ ਵਿਚ ਵਿਕਾਰਾਂ ਦਾ ਪਾਣੀ ਠਾਠਾਂ ਮਾਰ ਰਿਹਾ ਹੈ) ਇਸ ਸਮੁੰਦਰ ਵਿਚੋਂ ਉਹੀ ਮਨੁੱਖ ਪਾਰ ਲੰਘਦਾ ਹੈ, ਜੇਹੜਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ।

34755	813	ਸਾਧਸੰਗਤਿ ਕੈ ਸੰਗਿ ਵਸੈ ਵਡਭਾਗੀ ਪਾਏ॥੧॥		Saadhhasangath Kai Sang Vasai Vaddabhaagee Paaeae ||1||	He dwells with the Saadh Sangat, the Company of the Holy; by great good fortune, he finds the Lord. ||1||	ਜੇਹੜਾ ਸਾਧ ਸੰਗਤਿ ਦੇ ਨਾਲ ਮੇਲ-ਜੋਲ ਰੱਖਦਾ ਹੈ। (ਪਰ ਇਹ ਦਾਤਿ) ਕੋਈ ਭਾਗਾਂ ਵਾਲਾ ਮਨੁੱਖ ਪ੍ਰਾਪਤ ਕਰਦਾ ਹੈ ॥੧॥
34756	814	ਸੁਣਿ ਸੁਣਿ ਜੀਵੈ ਦਾਸੁ ਤੁਮ੍ਹ ਬਾਣੀ ਜਨ ਆਖੀ॥		Sun Sun Jeevai Dhaas Thumh Baanee Jan Aakhee ||	Your slave lives by hearing, hearing the Word of Your Bani, chanted by Your humble servant.	ਹੇ ਪ੍ਰਭੂ! ਤੇਰੇ ਸੇਵਕ ਤੇਰੀ ਸਿਫ਼ਤਿ-ਸਲਾਹ ਦੀ ਜੇਹੜੀ ਬਾਣੀ ਉਚਾਰਦੇ ਹਨ, ਤੇਰਾ ਦਾਸ ਉਸ ਬਾਣੀ ਨੂੰ ਹਰ ਵੇਲੇ ਸੁਣ ਸੁਣ ਕੇ ਆਤਮਕ ਜੀਵਨ ਪ੍ਰਾਪਤ ਕਰਦਾ ਹੈ।
34757	814	ਪ੍ਰਗਟ ਭਈ ਸਭ ਲੋਅ ਮਹਿ ਸੇਵਕ ਕੀ ਰਾਖੀ॥੧॥ਰਹਾਉ॥		Pragatt Bhee Sabh Loa Mehi Saevak Kee Raakhee ||1|| Rehaao ||	The Guru is revealed in all the worlds; He saves the honor of His servant. ||1||Pause||	(ਇਸ ਤਰ੍ਹਾਂ ਵਿਕਾਰਾਂ ਤੋਂ ਬਚਾ ਕੇ) ਤੂੰ ਆਪਣੇ ਸੇਵਕ ਦੀ ਜੋ ਇੱਜ਼ਤ ਰੱਖਦਾ ਹੈਂ, ਉਹ ਸਾਰੇ ਸੰਸਾਰ ਵਿਚ ਉੱਘੜ ਪੈਂਦੀ ਹੈ ॥੧॥ ਰਹਾਉ ॥
34758	814	ਅਗਨਿ ਸਾਗਰ ਤੇ ਕਾਢਿਆ ਪ੍ਰਭਿ ਜਲਨਿ ਬੁਝਾਈ॥	ਬੁਝਾਈ:ਪੋਲਾ ਬੋਲੋ	Agan Saagar Thae Kaadtiaa Prabh Jalan Bujhaaee ||	God has pulled me out of the ocean of fire, and quenched my burning thirst.	(ਹੇ ਭਾਈ! ਜਿਸ ਸੇਵਕ ਨੇ ਸਿਫ਼ਤਿ-ਸਾਲਾਹ ਦੀ ਬਾਣੀ ਸੁਣ ਕੇ ਆਤਮਕ ਜੀਵਨ ਪ੍ਰਾਪਤ ਕਰ ਲਿਆ) ਪਰਮਾਤਮਾ ਨੇ ਆਪ ਉਸ ਨੂੰ (ਵਿਕਾਰਾਂ ਦੀ) ਅੱਗ ਦੇ ਸਮੁੰਦਰ ਵਿਚੋਂ ਕੱਢ ਲਿਆ, ਪਰਮਾਤਮਾ ਨੇ ਆਪ (ਉਸ ਦੇ ਅੰਦਰੋਂ ਵਿਕਾਰਾਂ ਦੀ) ਸੜਨ ਸ਼ਾਂਤ ਕਰ ਦਿੱਤੀ।

34759	814	ਅੰਮ੍ਰਿਤ ਨਾਮੁ ਜਲੁ ਸੰਚਿਆ ਗੁਰ ਭਏ ਸਹਾਈ॥੨॥		Anmrith Naam Jal Sanchiaa Gur Bheae Sehaaee ||2||	The Guru has sprinkled the Ambrosial Water of the Naam, the Name of the Lord; He has become my Helper. ||2||	ਸਤਿਗੁਰੂ ਜੀ ਨੇ ਉਸ ਸੇਵਕ ਦੀ ਸਹਾਇਤਾ ਕੀਤੀ, ਤੇ (ਉਸ ਦੇ ਹਿਰਦੇ ਵਿਚ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਛਿੜਕਿਆ ॥੨॥
34760	814	ਜਨਮ ਮਰਣ ਦੁਖ ਕਾਟਿਆ ਸੁਖ ਕਾ ਥਾਨੁ ਪਾਇਆ॥		Janam Maran Dhukh Kaattiaa Sukh Kaa Thhaan Paaeiaa ||	The pains of birth and death are removed, and I have obtained a resting place of peace.	(ਹੇ ਭਾਈ! ਜਿਸ ਸੇਵਕ ਨੇ ਸਿਫ਼ਤਿ-ਸਾਲਾਹ ਦੀ ਬਾਣੀ ਸੁਣ ਸੁਣ ਕੇ ਆਤਮਕ ਜੀਵਨ ਲੱਭ ਲਿਆ) ਉਸ ਨੇ ਜਨਮ ਮਰਨ ਦੇ ਗੇੜ ਦਾ ਦੁੱਖ ਕੱਟ ਲਿਆ, ਉਸ ਨੇ ਉਹ (ਆਤਮਕ) ਟਿਕਾਣਾ ਲੱਭ ਲਿਆ ਜਿਥੇ ਸੁਖ ਹੀ ਸੁਖ ਹੈ।
34761	814	ਕਾਟੀ ਸਿਲਕ ਭ੍ਰਮ ਮੋਹ ਕੀ ਅਪਨੇ ਪ੍ਰਭ ਭਾਇਆ॥੩॥		Kaattee Silak Bhram Moh Kee Apanae Prabh Bhaaeiaa ||3||	The noose of doubt and emotional attachment has been snapped; I have become pleasing to my God. ||3||	ਉਸ ਨੇ (ਆਪਣੇ ਅੰਦਰੋਂ) ਭਟਕਣਾ ਤੇ ਮੋਹ ਦੀ ਫਾਹੀ ਕੱਟ ਲਈ, ਉਹ ਸੇਵਕ ਆਪਣੇ ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪਿਆ ॥੩॥

34762	814	ਮਤ ਕੋਈ ਜਾਣਹੁ ਅਵਰੁ ਕਛੁ ਸਭ ਪ੍ਰਭ ਕੈ ਹਾਥਿ॥		Math Koee Jaanahu Avar Kashh Sabh Prabh Kai Haathh ||	Let no one think that there is any other at all; everything is in the Hands of God.	(ਪਰ, ਹੇ ਭਾਈ!) ਕਿਤੇ ਇਹ ਨਾਹ ਸਮਝ ਲੈਣਾ (ਕਿ ਇਹੋ ਜਿਹਾ ਆਤਮਕ) ਆਨੰਦ ਮਾਣਨ ਵਾਸਤੇ ਅਸਾਂ ਜੀਵਾਂ ਦਾ) ਕੋਈ ਹੋਰ ਚਾਰਾ ਚੱਲ ਸਕਦਾ ਹੈ (ਯਕੀਨ ਨਾਲ ਜਾਣੋ ਕਿ) ਹਰੇਕ ਜੁਗਤਿ ਪਰਮਾਤਮਾ ਦੇ (ਆਪਣੇ) ਹੱਥ ਵਿਚ ਹੈ।
34763	814	ਸਰਬ ਸੂਖ ਨਾਨਕ ਪਾਏ ਸੰਗਿ ਸੰਤਨ ਸਾਥਿ॥੪॥੨੨॥੫੨॥		Sarab Sookh Naanak Paaeae Sang Santhan Saathh ||4||22||52||	Nanak has found total peace, in the Society of the Saints. ||4||22||52||	ਹੇ ਨਾਨਕ! ਉਹੀ ਸੇਵਕ ਸਾਰੇ ਸੁਖ ਪ੍ਰਾਪਤ ਕਰਦਾ ਹੈ ਜੋ ਸੰਤ ਜਨਾਂ ਦੀ ਸੰਗਤਿ ਵਿਚ ਰਹਿੰਦਾ ਹੈ ਜੋ ਸੰਤ ਜਨਾਂ ਦੇ ਨਾਲ ਰਹਿੰਦਾ ਹੈ ॥੪॥੨੨॥੫੨॥
34764	814	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34765	814	ਬੰਧਨ ਕਾਟੇ ਆਪਿ ਪ੍ਰਭਿ ਹੋਆ ਕਿਰਪਾਲ॥		Bandhhan Kaattae Aap Prabh Hoaa Kirapaal ||	My bonds have been snapped; God Himself has become compassionate.	(ਹੇ ਭਾਈ! ਜਿਸ ਮਨੁੱਖ ਉਤੇ ਪੂਰੇ ਗੁਰੂ ਨੇ ਕਿਰਪਾ ਕਰ ਦਿੱਤੀ) ਪ੍ਰਭੂ ਨੇ ਆਪ (ਉਸ ਦੇ ਸਾਰੇ) ਬੰਧਨ ਕੱਟ ਦਿੱਤੇ, ਪ੍ਰਭੂ ਉਸ ਮਨੁੱਖ ਉਤੇ ਦਇਆਵਾਨ ਹੋ ਗਿਆ।

34766	814	ਦੀਨ ਦਇਆਲ ਪ੍ਰਭ ਪਾਰਬ੍ਰਹਮ ਤਾ ਕੀ ਨਦਰਿ ਨਿਹਾਲ॥੧॥		Dheen Dhaeiaal Prabh Paarabreham Thaa Kee Nadhar Nihaal ||1||	The Supreme Lord God is Merciful to the meek; by His Glance of Grace, I am in ecstasy. ||1||	(ਹੇ ਭਾਈ!) ਪ੍ਰਭੂ ਪਾਰਬ੍ਰਹਮ ਦੀਨਾਂ ਉਤੇ ਦਇਆ ਕਰਨ ਵਾਲਾ ਹੈ (ਜਿਸ ਭੀ ਗ਼ਰੀਬ ਉਤੇ ਪ੍ਰਭੂ ਨਿਗਾਹ ਕਰਦਾ ਹੈ) ਉਹ ਮਨੁੱਖ ਉਸ (ਪ੍ਰਭੂ) ਦੀ ਨਿਗਾਹ ਨਾਲ ਆਨੰਦ-ਭਰਪੂਰ ਹੋ ਜਾਂਦਾ ਹੈ ॥੧॥
34767	814	ਗੁਰਿ ਪੂਰੈ ਕਿਰਪਾ ਕਰੀ ਕਾਟਿਆ ਦੁਖੁ ਰੋਗੁ॥		Gur Poorai Kirapaa Karee Kaattiaa Dhukh Rog ||	The Perfect Guru has shown mercy to me, and eradicated my pains and illnesses.	ਹੇ ਭਾਈ! ਜਿਸ ਮਨੁੱਖ ਉੱਤੇ ਪੂਰੇ ਗੁਰੂ ਨੇ ਕਿਰਪਾ ਕਰ ਦਿੱਤੀ, ਉਸ ਮਨੁੱਖ ਦਾ (ਹਰੇਕ) ਦੁੱਖ (ਹਰੇਕ) ਰੋਗ ਦੂਰ ਹੋ ਜਾਂਦਾ ਹੈ।
34768	814	ਮਨੁ ਤਨੁ ਸੀਤਲੁ ਸੁਖੀ ਭਇਆ ਪ੍ਰਭ ਧਿਆਵਨ ਜੋਗੁ॥੧॥ਰਹਾਉ॥		Man Than Seethal Sukhee Bhaeiaa Prabh Dhhiaavan Jog ||1|| Rehaao ||	My mind and body have been cooled and soothed, meditating on God, most worthy of meditation. ||1||Pause||	ਧਿਆਵਣ-ਜੋਗ ਪ੍ਰਭੂ ਦਾ ਧਿਆਨ ਧਰ ਕੇ ਉਸ ਦਾ ਮਨ ਉਸ ਦਾ ਹਿਰਦਾ ਠੰਢਾ-ਠਾਰ ਹੋ ਜਾਂਦਾ ਹੈ, ਉਹ ਮਨੁੱਖ ਸੁਖੀ ਹੋ ਜਾਂਦਾ ਹੈ ॥੧॥ ਰਹਾਉ ॥
34769	814	ਅਉਖਧੁ ਹਰਿ ਕਾ ਨਾਮੁ ਹੈ ਜਿਤੁ ਰੋਗੁ ਨ ਵਿਆਪੈ॥		Aoukhadhh Har Kaa Naam Hai Jith Rog N Viaapai ||	The Name of the Lord is the medicine to cure all disease; with it, no disease afflicts me.	ਹੇ ਭਾਈ! ਪਰਮਾਤਮਾ ਦਾ ਨਾਮ (ਇਕ ਐਸੀ) ਦਵਾਈ ਹੈ ਜਿਸ ਦੀ ਬਰਕਤਿ ਨਾਲ (ਕੋਈ ਭੀ) ਰੋਗ ਜ਼ੋਰ ਨਹੀਂ ਪਾ ਸਕਦਾ।

34770	814	ਸਾਧਸੰਗਿ ਮਨਿ ਤਨਿ ਹਿਤੈ ਫਿਰਿ ਦੂਖੁ ਨ ਜਾਪੈ॥੨॥		Saadhhasang Man Than Hithai Fir Dhookh N Jaapai ||2||	In the Saadh Sangat, the Company of the Holy, the mind and body are tinged with the Lord's Love, and I do not suffer pain any longer. ||2||	ਜਦੋਂ ਗੁਰੂ ਦੀ ਸੰਗਤਿ ਵਿਚ ਟਿਕ ਕੇ (ਮਨੁੱਖ ਦੇ) ਮਨ ਵਿਚ ਤਨ ਵਿਚ (ਹਰਿ-ਨਾਮ) ਪਿਆਰਾ ਲੱਗਣ ਲੱਗ ਪੈਂਦਾ ਹੈ, ਤਦੋਂ (ਮਨੁੱਖ ਨੂੰ) ਕੋਈ ਦੁੱਖ ਮਹਿਸੂਸ ਨਹੀਂ ਹੁੰਦਾ ॥੨॥
34771	814	ਹਰਿ ਹਰਿ ਹਰਿ ਹਰਿ ਜਾਪੀਐ ਅੰਤਰਿ ਲਿਵ ਲਾਈ॥		Har Har Har Har Jaapeeai Anthar Liv Laaee ||	I chant the Name of the Lord, Har, Har, Har, Har, lovingly centering my inner being on Him.	ਹੇ ਭਾਈ! ਗੁਰੂ ਦੀ ਸਰਨ ਪੈ ਕੇ ਆਪਣੇ ਅੰਦਰ ਸੁਰਤ ਜੋੜ ਕੇ, ਸਦਾ ਪਰਮਾਤਮਾ ਦਾ ਨਾਮ ਜਪਦੇ ਰਹਿਣਾ ਚਾਹੀਦਾ ਹੈ।
34772	814	ਕਿਲਵਿਖ ਉਤਰਹਿ ਸੁਧੁ ਹੋਇ ਸਾਧੂ ਸਰਣਾਈ॥੩॥	ਉੱਤਰ-ਹਿ	Kilavikh Outharehi Sudhh Hoe Saadhhoo Saranaaee ||3||	Sinful mistakes are erased and I am sanctified, in the Sanctuary of the Holy Saints. ||3||	(ਇਸ ਤਰ੍ਹਾਂ ਸਾਰੇ) ਪਾਪ (ਮਨ ਤੋਂ) ਲਹਿ ਜਾਂਦੇ ਹਨ, (ਮਨ) ਪਵਿੱਤਰ ਹੋ ਜਾਂਦਾ ਹੈ ॥੩॥
34773	814	ਸੁਨਤ ਜਪਤ ਹਰਿ ਨਾਮ ਜਸੁ ਤਾ ਕੀ ਦੂਰਿ ਬਲਾਈ॥		Sunath Japath Har Naam Jas Thaa Kee Dhoor Balaaee ||	Misfortune is kept far away from those who hear and chant the Praises of the Lord's Name.	ਹੇ ਭਾਈ! ਪਰਮਾਤਮਾ ਦੇ ਨਾਮ ਦੀ ਵਡਿਆਈ ਸੁਣਦਿਆਂ ਤੇ ਜਪਦਿਆਂ ਉਸ ਮਨੁੱਖ ਦੀ ਹਰੇਕ ਬਲਾ (ਬਿਪਤਾ) ਦੂਰ ਹੋ ਜਾਂਦੀ ਹੈ।

34774	814	ਮਹਾ ਮੰਤ੍ਰੁ ਨਾਨਕੁ ਕਥੈ ਹਰਿ ਕੇ ਗੁਣ ਗਾਈ॥੪॥੨੩॥੫੩॥		Mehaa Manthra Naanak Kathhai Har Kae Gun Gaaee ||4||23||53||	Nanak chants the Mahaa Mantra, the Great Mantra, singing the Glorious Praises of the Lord. ||4||23||53||	ਨਾਨਕ (ਇਕ) ਸਭ ਤੋਂ ਵੱਡਾ ਮੰਤ੍ਰ ਦੱਸਦਾ ਹੈ (ਮੰਤ੍ਰ ਇਹ ਹੈ ਕਿ ਜੇਹੜਾ ਮਨੁੱਖ) ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ (ਉਸ ਦਾ ਦੁੱਖਾਂ ਤੋਂ ਛੁਟਕਾਰਾ ਹੋ ਜਾਂਦਾ ਹੈ) ॥੪॥੨੩॥੫੩॥
34775	814	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34776	814	ਭੈ ਤੇ ਉਪਜੈ ਭਗਤਿ ਪ੍ਰਭ ਅੰਤਰਿ ਹੋਇ ਸਾਂਤਿ॥		Bhai Thae Oupajai Bhagath Prabh Anthar Hoe Saanth ||	From the Fear of God, devotion wells up, and deep within, there is peace.	(ਹੇ ਭਾਈ! ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਨਿਰਮਲ ਡਰ ਹਿਰਦੇ ਵਿਚ ਪੈਦਾ ਹੋ ਜਾਂਦਾ ਹੈ, ਉਸ) ਨਿਰਮਲ ਡਰ ਦੀ ਰਾਹੀਂ ਪ੍ਰਭੂ ਦੀ ਭਗਤੀ (ਹਿਰਦੇ ਵਿਚ) ਪੈਦਾ ਹੁੰਦੀ ਹੈ, ਅਤੇ ਮਨ ਵਿਚ ਠੰਡ ਪੈ ਜਾਂਦੀ ਹੈ।
34777	814	ਨਾਮੁ ਜਪਤ ਗੋਵਿੰਦ ਕਾ ਬਿਨਸੈ ਭ੍ਰਮ ਭ੍ਰਾਂਤਿ॥੧॥		Naam Japath Govindh Kaa Binasai Bhram Bhraanth ||1||	Chanting the Name of the Lord of the Universe, doubt and delusions are dispelled. ||1||	ਹੇ ਭਾਈ! ਪਰਮਾਤਮਾ ਦਾ ਨਾਮ ਜਪਦਿਆਂ ਜਪਦਿਆਂ (ਹਰੇਕ ਕਿਸਮ ਦਾ) ਭਰਮ ਭਟਕਣ ਨਾਸ ਹੋ ਜਾਂਦਾ ਹੈ ॥੧॥
34778	814	ਗੁਰੁ ਪੂਰਾ ਜਿਸੁ ਭੇਟਿਆ ਤਾ ਕੈ ਸੁਖਿ ਪਰਵੇਸੁ॥		Gur Pooraa Jis Bhaettiaa Thaa Kai Sukh Paravaes ||	One who meets with the Perfect Guru, is blessed with peace.	ਹੇ ਭਾਈ! ਆਪਣੇ ਮਨ ਦੀ ਮਤਿ ਛੱਡ ਦੇਣੀ ਚਾਹੀਦੀ ਹੈ, (ਗੁਰੂ ਦਾ) ਉਪਦੇਸ਼ ਸੁਣਨਾ ਚਾਹੀਦਾ ਹੈ।

34779	814	ਮਨ ਕੀ ਮਤਿ ਤਿਆਗੀਐ ਸੁਣੀਐ ਉਪਦੇਸੁ॥੧॥ਰਹਾਉ ॥		Man Kee Math Thiaageeai Suneeai Oupadhaes ||1|| Rehaao ||	So renounce the intellectual cleverness of your mind, and listen to the Teachings. ||1||Pause||	ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, (ਯਕੀਨ ਜਾਣੋ ਕਿ) ਉਸ (ਮਨੁੱਖ) ਦੇ ਹਿਰਦੇ ਵਿਚ ਸੁਖ ਨੇ ਪਰਵੇਸ਼ ਕਰ ਲਿਆ ॥੧॥ ਰਹਾਉ ॥
34780	814	ਸਿਮਰਤ ਸਿਮਰਤ ਸਿਮਰੀਐ ਸੋ ਪੁਰਖੁ ਦਾਤਾਰੁ॥		Simarath Simarath Simareeai So Purakh Dhaathaar ||	Meditate, meditate, meditate in remembrance on the Primal Lord, the Great Giver.	ਹੇ ਭਾਈ! ਸਭ ਦਾਤਾਂ ਬਖ਼ਸ਼ਣ ਵਾਲੇ ਉਸ ਸਰਬ-ਵਿਆਪਕ ਪ੍ਰਭੂ ਨੂੰ ਹਰ ਵੇਲੇ ਹੀ ਸਿਮਰਦੇ ਰਹਿਣਾ ਚਾਹੀਦਾ ਹੈ।
34781	814	ਮਨ ਤੇ ਕਬਹੁ ਨ ਵੀਸਰੈ ਸੋ ਪੁਰਖੁ ਅਪਾਰੁ॥੨॥		Man Thae Kabahu N Veesarai So Purakh Apaar ||2||	May I never forget that Primal, Infinite Lord from my mind. ||2||	(ਹੇ ਭਾਈ! ਖ਼ਿਆਲ ਰੱਖ ਕਿ) ਉਹ ਬੇਅੰਤ ਅਕਾਲ ਪੁਰਖ ਕਦੇ ਭੀ ਮਨ ਤੋਂ ਨਾਹ ਭੁੱਲੇ ॥੨॥
34782	814	ਚਰਨਕਮਲ ਸਿਉ ਰੰਗੁ ਲਗਾ ਅਚਰਜ ਗੁਰਦੇਵ॥	ਅ-ਚਰਜ	Charan Kamal Sio Rang Lagaa Acharaj Guradhaev ||	I have enshrined love for the Lotus Feet of the Wondrous Divine Guru.	ਹੇ ਭਾਈ! ਗੁਰੂ ਦੀ ਇਹ ਅਚਰਜ ਵਡਿਆਈ ਹੈ ਕਿ ਉਸ ਦੀ ਕਿਰਪਾ ਨਾਲ ਪਰਮਾਤਮਾ ਦੇ ਸੋਹਣੇ ਚਰਨਾਂ ਨਾਲ ਪ੍ਰੀਤ ਬਣ ਜਾਂਦੀ ਹੈ।
34783	814	ਜਾ ਕਉ ਕਿਰਪਾ ਕਰਹੁ ਪ੍ਰਭ ਤਾ ਕਉ ਲਾਵਹੁ ਸੇਵ॥੩॥		Jaa Ko Kirapaa Karahu Prabh Thaa Ko Laavahu Saev ||3||	One who is blessed by Your Mercy, God, is committed to Your service. ||3||	ਹੇ ਪ੍ਰਭੂ! ਜਿਸ ਮਨੁੱਖ ਉੱਤੇ ਤੂੰ ਕਿਰਪਾ ਕਰਦਾ ਹੈਂ (ਉਸ ਨੂੰ ਗੁਰੂ ਮਿਲਾਂਦਾ ਹੈਂ ਅਤੇ ਉਸ ਨੂੰ) ਤੂੰ ਆਪਣੀ ਸੇਵਾ-ਭਗਤੀ ਵਿਚ ਲਾ ਲੈਂਦਾ ਹੈਂ ॥੩॥

34784	814	ਨਿਧਿ ਨਿਧਾਨ ਅੰਮ੍ਰਿਤੁ ਪੀਆ ਮਨਿ ਤਨਿ ਆਨੰਦ॥		Nidhh Nidhhaan Anmrith Peeaa Man Than Aanandh ||	I drink in the Ambrosial Nectar, the treasure of wealth, and my mind and body are in bliss.	(ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਨੇ) ਆਤਮਕ ਜੀਵਨ ਦੇਣ ਵਾਲਾ (ਉਹ) ਨਾਮ-ਜਲ ਪੀ ਲਿਆ (ਜੋ) ਸਾਰੇ ਖ਼ਜ਼ਾਨਿਆਂ ਦਾ ਖ਼ਜ਼ਾਨਾ ਹੈ, (ਉਸ ਮਨੁੱਖ ਦੇ) ਮਨ ਵਿਚ ਹਿਰਦੇ ਵਿਚ ਖ਼ੁਸ਼ੀ ਭਰੀ ਰਹਿੰਦੀ ਹੈ।
34785	814	ਨਾਨਕ ਕਬਹੁ ਨ ਵੀਸਰੈ ਪ੍ਰਭ ਪਰਮਾਨੰਦ॥੪॥੨੪॥ ੫੪॥		Naanak Kabahu N Veesarai Prabh Paramaanandh ||4||24||54||	Nanak never forgets God, the Lord of supreme bliss. ||4||24||54||	ਹੇ ਨਾਨਕ! (ਖ਼ਿਆਲ ਰੱਖ ਕਿ) ਸਭ ਤੋਂ ਉੱਚੇ ਆਨੰਦ ਦਾ ਮਾਲਕ ਪਰਮਾਤਮਾ ਕਦੇ ਭੀ (ਮਨ ਤੋਂ) ਵਿਸਰ ਨਾਹ ਜਾਏ ॥੪॥੨੪॥੫੪॥
34786	814	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34787	814	ਤ੍ਰਿਸਨ ਬੁਝੀ ਮਮਤਾ ਗਈ ਨਾਠੇ ਭੈ ਭਰਮਾ॥	ਬੁਝੀ:ਪੋਲਾ ਬੋਲੋ	Thrisan Bujhee Mamathaa Gee Naathae Bhai Bharamaa ||	Desire is stilled, and egotism is gone; fear and doubt have run away.	(ਹੇ ਭਾਈ! ਜਿਸ ਮਨੁੱਖ ਨੇ ਗੁਰੂ ਦਾ ਆਸਰਾ ਲਿਆ) (ਉਸ ਦੇ ਅੰਦਰੋਂ ਮਾਇਆ ਦੀ) ਤ੍ਰਿਸ਼ਨਾ ਮਿਟ ਗਈ, (ਮਾਇਆ ਵਾਲੀ) ਅਪਣੱਤ ਦੂਰ ਹੋ ਗਈ, ਉਸ ਦੇ ਸਾਰੇ ਡਰ ਵਹਿਮ ਨੱਸ ਗਏ।

34788	814	ਥਿਤਿ ਪਾਈ ਆਨਦੁ ਭਇਆ ਗੁਰਿ ਕੀਨੇ ਧਰਮਾ॥੧॥		Thhith Paaee Aanadh Bhaeiaa Gur Keenae Dhharamaa ||1||	I have found stability, and I am in ecstasy; the Guru has blessed me with Dharmic faith. ||1||	ਉਸ ਨੇ ਆਤਮਕ ਅਡੋਲਤਾ ਹਾਸਲ ਕਰ ਲਈ, ਉਸ ਦੇ ਅੰਦਰ ਆਤਮਕ ਆਨੰਦ ਪੈਦਾ ਹੋ ਗਿਆ। ਗੁਰੂ ਨੇ ਉਸ ਦੀ ਸਹਾਇਤਾ ਕਰਨ ਦਾ ਨੇਮ ਨਿਬਾਹ ਦਿੱਤਾ ॥੧॥
34789	814	ਗੁਰੁ ਪੂਰਾ ਆਰਾਧਿਆ ਬਿਨਸੀ ਮੇਰੀ ਪੀਰ॥		Gur Pooraa Aaraadhhiaa Binasee Maeree Peer ||	Worshipping the Perfect Guru in adoration, my anguish is eradicated.	(ਜਿਸ ਭੀ ਮਨੁੱਖ ਨੇ) ਪੂਰੇ ਗੁਰੂ ਦਾ ਆਸਰਾ ਲਿਆ ਹੈ। ਉਸ ਦਾ (ਮਾਇਆ ਦੀ) ਮਮਤਾ ਵਾਲਾ ਦੁੱਖ ਦੂਰ ਹੋ ਜਾਂਦਾ ਹੈ।
34790	814	ਤਨੁ ਮਨੁ ਸਭੁ ਸੀਤਲੁ ਭਇਆ ਪਾਇਆ ਸੁਖੁ ਬੀਰ॥੧॥ਰਹਾਉ॥		Than Man Sabh Seethal Bhaeiaa Paaeiaa Sukh Beer ||1|| Rehaao ||	My body and mind are totally cooled and soothed; I have found peace, O my brother. ||1||Pause||	ਹੇ ਭਾਈ! ਉਸ ਦਾ ਮਨ ਉਸ ਦਾ ਤਨ ਠੰਢਾ-ਠਾਰ ਹੋ ਜਾਂਦਾ ਹੈ, ਉਸ ਨੂੰ ਆਤਮਕ ਆਨੰਦ ਪ੍ਰਾਪਤ ਹੋ ਜਾਂਦਾ ਹੈ ॥੧॥ ਰਹਾਉ ॥
34791	814	ਸੋਵਤ ਹਰਿ ਜਪਿ ਜਾਗਿਆ ਪੇਖਿਆ ਬਿਸਮਾਦੁ॥		Sovath Har Jap Jaagiaa Paekhiaa Bisamaadh ||	I have awakened from sleep, chanting the Name of the Lord; gazing upon Him, I am filled with wonder.	(ਹੇ ਭਾਈ! ਜਿਸ ਮਨੁੱਖ ਨੇ ਗੁਰੂ ਦਾ ਪੱਲਾ ਫੜਿਆ, ਮਾਇਆ ਦੇ ਮੋਹ ਵਿਚ) ਸੁੱਤਾ ਹੋਇਆ ਉਸ ਦਾ ਮਨ ਪਰਮਾਤਮਾ ਦਾ ਨਾਮ ਜਪ ਕੇ ਜਾਗ ਪਿਆ, ਉਸ ਨੇ (ਹਰ ਥਾਂ) ਅਚਰਜ-ਰੂਪ ਪਰਮਾਤਮਾ ਦਾ ਦਰਸਨ ਕਰ ਲਿਆ।

34792	814	ਪੀ ਅੰਮ੍ਰਿਤੁ ਤ੍ਰਿਪਤਾਸਿਆ ਤਾ ਕਾ ਅਚਰਜ ਸੁਆਦੁ॥੨॥	ਅ-ਚਰਜ	Pee Anmrith Thripathaasiaa Thaa Kaa Acharaj Suaadh ||2||	Drinking in the Ambrosial Nectar, I am satisfied. How wondrous is its taste! ||2||	ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਕੇ ਉਸ ਦਾ ਮਨ (ਮਾਇਆ ਵਲੋਂ) ਰੱਜ ਗਿਆ। ਹੇ ਭਾਈ! ਉਸ ਨਾਮ-ਅੰਮ੍ਰਿਤ ਦਾ ਸੁਆਦ ਅਚਰਜ ਹੀ ਹੈ ॥੨॥
34793	814	ਆਪਿ ਮੁਕਤੁ ਸੰਗੀ ਤਰੇ ਕੁਲ ਕੁਟੰਬ ਉਧਾਰੇ॥		Aap Mukath Sangee Tharae Kul Kuttanb Oudhhaarae ||	I myself am liberated, and my companions swim across; my family and ancestors are also saved.	(ਹੇ ਭਾਈ! ਗੁਰੂ ਦੀ ਸਰਨ ਪੈਣ ਵਾਲਾ ਮਨੁੱਖ) ਆਪ (ਮਾਇਆ ਦੇ ਬੰਧਨਾਂ ਤੋਂ) ਆਜ਼ਾਦ ਹੋ ਜਾਂਦਾ ਹੈ, ਉਸ ਦੇ ਸਾਥੀ ਭੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ, ਉਹ ਮਨੁੱਖ ਆਪਣੀਆਂ ਕੁਲਾਂ ਨੂੰ, ਆਪਣੇ ਪਰਵਾਰ ਨੂੰ ਪਾਰ ਲੰਘਾ ਲੈਂਦਾ ਹੈ।
34794	814	ਸਫਲ ਸੇਵਾ ਗੁਰਦੇਵ ਕੀ ਨਿਰਮਲ ਦਰਬਾਰੇ॥੩॥		Safal Saevaa Guradhaev Kee Niramal Dharabaarae ||3||	Service to the Divine Guru is fruitful; it has made me pure in the Court of the Lord. ||3||	ਗੁਰੂ ਦੀ ਕੀਤੀ ਹੋਈ ਸੇਵਾ ਉਸ ਨੂੰ ਫਲ-ਦਾਇਕ ਸਾਬਤ ਹੋ ਜਾਂਦੀ ਹੈ, (ਪ੍ਰਭੂ ਦੀ) ਪਵਿੱਤਰ ਹਜ਼ੂਰੀ ਵਿਚ (ਉਸ ਨੂੰ ਥਾਂ ਮਿਲ ਜਾਂਦੀ ਹੈ) ॥੩॥
34795	814	ਨੀਚੁ ਅਨਾਥੁ ਅਜਾਨੁ ਮੈ ਨਿਰਗੁਨੁ ਗੁਣ ਹੀਨੁ॥		Neech Anaathh Ajaan Mai Niragun Guneheen ||	I am lowly, without a master, ignorant, worthless and without virtue.	ਹੇ ਭਾਈ! ਮੈਂ ਨੀਚ ਸਾਂ, ਅਨਾਥ ਸਾਂ, ਅੰਞਾਨ ਸਾਂ, ਮੇਰੇ ਅੰਦਰ ਕੋਈ ਗੁਣ ਨਹੀਂ ਸਨ, ਮੈਂ ਗੁਣਾਂ ਤੋਂ ਸੱਖਣਾ ਸਾਂ,

34796	815	ਨਾਨਕ ਕਉ ਕਿਰਪਾ ਭਈ ਦਾਸੁ ਅਪਨਾ ਕੀਨੁ॥੪॥੨੫॥੫੫॥		Naanak Ko Kirapaa Bhee Dhaas Apanaa Keen ||4||25||55||	Nanak has been blessed with God's Mercy; God has made him His Slave. ||4||25||55||	(ਪਰ ਗੁਰੂ ਦੀ ਸਰਨ ਪੈਣ ਕਰ ਕੇ, ਮੈਂ) ਨਾਨਕ ਉਤੇ ਪਰਮਾਤਮਾ ਦੀ ਮੇਹਰ ਹੋਈ, ਪਰਮਾਤਮਾ ਨੇ ਮੈਨੂੰ ਆਪਣਾ ਸੇਵਕ ਬਣਾ ਲਿਆ ॥੪॥੨੫॥੫੫॥
34797	815	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34798	815	ਹਰਿ ਭਗਤਾ ਕਾ ਆਸਰਾ ਅਨ ਨਾਹੀ ਠਾਉ॥		Har Bhagathaa Kaa Aasaraa An Naahee Thaao ||	The Lord is the Hope and Support of His devotees; there is nowhere else for them to go.	ਹੇ ਹਰੀ! (ਤੂੰ ਆਪਣੇ ਭਗਤਾਂ ਦੀ ਰਾਖੀ ਕੀਤੀ ਹੈ, ਕਿਉਂਕਿ) ਤੇਰੇ ਭਗਤਾਂ ਨੂੰ ਤੇਰਾ ਹੀ ਆਸਰਾ ਰਹਿੰਦਾ ਹੈ, (ਉਹਨਾਂ ਨੂੰ ਸਹਾਇਤਾ ਵਾਸਤੇ) ਹੋਰ ਕੋਈ ਥਾਂ ਨਹੀਂ ਸੁੱਝਦਾ।
34799	815	ਤਾਣੁ ਦੀਬਾਣੁ ਪਰਵਾਰ ਧਨੁ ਪ੍ਰਭ ਤੇਰਾ ਨਾਉ॥੧॥		Thaan Dheebaan Paravaar Dhhan Prabh Thaeraa Naao ||1||	O God, Your Name is my power, realm, relatives and riches. ||1||	ਹੇ ਪ੍ਰਭੂ! ਤੇਰਾ ਨਾਮ ਹੀ (ਤੇਰੇ ਭਗਤਾਂ ਵਾਸਤੇ) ਤਾਣ ਹੈ, ਸਹਾਰਾ ਹੈ, ਪਰਵਾਰ ਹੈ ਅਤੇ ਧਨ ਹੈ ॥੧॥
34800	815	ਕਰਿ ਕਿਰਪਾ ਪ੍ਰਭਿ ਆਪਣੀ ਅਪਨੇ ਦਾਸ ਰਖਿ ਲੀਏ॥		Kar Kirapaa Prabh Aapanee Apanae Dhaas Rakh Leeeae ||	God has granted His Mercy, and saved His slaves.	ਹੇ ਭਾਈ! ਪਰਮਾਤਮਾ ਨੇ ਮੇਹਰ ਕਰ ਕੇ ਆਪਣੇ ਸੇਵਕਾਂ ਦੀ ਸਦਾ ਹੀ ਆਪ ਰੱਖਿਆ ਕੀਤੀ ਹੈ।

34801	815	ਨਿੰਦਕ ਨਿੰਦਾ ਕਰਿ ਪਚੇ ਜਮਕਾਲਿ ਗ੍ਰਸੀਏ॥੧॥ਰਹਾਉ॥		Nindhak Nindhaa Kar Pachae Jamakaal Graseeeae ||1|| Rehaao ||	The slanderers rot in their slander; they are seized by the Messenger of Death. ||1||Pause||	ਨਿੰਦਕ (ਸੇਵਕਾਂ ਦੀ) ਨਿੰਦਾ ਕਰ ਕਰ ਕੇ (ਸਦਾ) ਸੜਦੇ-ਭੁੱਜਦੇ ਰਹੇ, ਉਹਨਾਂ ਨੂੰ (ਸਗੋਂ) ਆਤਮਕ ਮੌਤ ਨੇ ਹੜੱਪ ਕੀਤੀ ਰੱਖਿਆ ॥੧॥ ਰਹਾਉ ॥
34802	815	ਸੰਤਾ ਏਕੁ ਧਿਆਵਨਾ ਦੂਸਰ ਕੋ ਨਾਹਿ॥		Santhaa Eaek Dhhiaavanaa Dhoosar Ko Naahi ||	The Saints meditate on the One Lord, and no other.	(ਹੇ ਭਾਈ! ਪ੍ਰਭੂ ਆਪਣੇ ਸੰਤ ਜਨਾਂ ਦੀ ਸਦਾ ਰਾਖੀ ਕਰਦਾ ਹੈ, ਕਿਉਂਕਿ) ਸੰਤ ਜਨ ਸਦਾ ਇਕ ਪ੍ਰਭੂ ਦਾ ਹੀ ਧਿਆਨ ਧਰਦੇ ਹਨ, ਕਿਸੇ ਹੋਰ ਦਾ ਨਹੀਂ।
34803	815	ਏਕਸੁ ਆਗੈ ਬੇਨਤੀ ਰਵਿਆ ਸ੍ਰਬ ਥਾਇ॥੨॥		Eaekas Aagai Baenathee Raviaa Srab Thhaae ||2||	They offer their prayers to the One Lord, who is pervading and permeating all places. ||2||	ਜੇਹੜਾ ਪ੍ਰਭੂ ਸਭ ਥਾਂਵਾਂ ਵਿਚ ਵਿਆਪਕ ਹੈ, ਸੰਤ ਜਨ ਸਿਰਫ਼ ਉਸ ਦੇ ਦਰ ਤੇ ਹੀ ਅਰਜ਼ੋਈ ਕਰਦੇ ਹਨ ॥੨॥
34804	815	ਕਥਾ ਪੁਰਾਤਨ ਇਉ ਸੁਣੀ ਭਗਤਨ ਕੀ ਬਾਨੀ॥		Kathhaa Puraathan Eio Sunee Bhagathan Kee Baanee ||	I have heard this old story, spoken by the devotees,	ਹੇ ਭਾਈ! ਭਗਤ ਜਨਾਂ ਦੀ ਆਪਣੀ ਬਾਣੀ ਦੀ ਰਾਹੀਂ ਹੀ ਪੁਰਾਣੇ ਸਮੇ ਦੀ ਹੀ ਕਥਾ ਇਉਂ ਸੁਣੀ ਜਾ ਰਹੀ ਹੈ,

34805	815	ਸਗਲ ਦੁਸਟ ਖੰਡ ਖੰਡ ਕੀਏ ਜਨ ਲੀਏ ਮਾਨੀ॥੩॥		Sagal Dhusatt Khandd Khandd Keeeae Jan Leeeae Maanee ||3||	That all the wicked are cut apart into pieces, while His humble servants are blessed with honor. ||3||	ਕਿ ਪਰਮਾਤਮਾ ਨੇ (ਹਰ ਸਮੇ) ਆਪਣੇ ਸੇਵਕਾਂ ਦਾ ਆਦਰ ਕੀਤਾ, ਅਤੇ (ਉਹਨਾਂ ਦੇ) ਸਾਰੇ ਵੈਰੀਆਂ ਨੂੰ ਟੋਟੇ ਟੋਟੇ ਕਰ ਦਿੱਤਾ ॥੩॥
34806	815	ਸਤਿ ਬਚਨ ਨਾਨਕੁ ਕਹੈ ਪਰਗਟ ਸਭ ਮਾਹਿ॥		Sath Bachan Naanak Kehai Paragatt Sabh Maahi ||	Nanak speaks the true words, which are obvious to all.	ਹੇ ਭਾਈ! ਨਾਨਕ ਆਖਦਾ ਹੈ- ਇਹ ਬਚਨ ਸਾਰੀ ਸ੍ਰਿਸ਼ਟੀ ਵਿਚ ਹੀ ਪ੍ਰਤੱਖ ਤੌਰ ਤੇ ਅਟੱਲ ਹਨ,
34807	815	ਪ੍ਰਭ ਕੇ ਸੇਵਕ ਸਰਣਿ ਪ੍ਰਭ ਤਿਨ ਕਉ ਭਉ ਨਾਹਿ॥੪॥੨੬॥੫੬॥		Prabh Kae Saevak Saran Prabh Thin Ko Bho Naahi ||4||26||56||	God's servants are under God's Protection; they have absolutely no fear. ||4||26||56||	ਕਿ ਪ੍ਰਭੂ ਦੇ ਸੇਵਕ ਪ੍ਰਭੂ ਦੀ ਸਰਨ ਪਏ ਰਹਿੰਦੇ ਹਨ, (ਇਸ ਵਾਸਤੇ) ਉਹਨਾਂ ਨੂੰ ਕੋਈ ਡਰ ਪੋਹ ਨਹੀਂ ਸਕਦਾ ॥੪॥੨੬॥੫੬॥
34808	815	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34809	815	ਬੰਧਨ ਕਾਟੈ ਸੋ ਪ੍ਰਭੂ ਜਾ ਕੈ ਕਲ ਹਾਥ॥		Bandhhan Kaattai So Prabhoo Jaa Kai Kal Haathh ||	God breaks the bonds which hold us; He holds all power in His hands.	ਹੇ ਭਾਈ! ਜਿਸ ਪ੍ਰਭੂ ਦੇ ਹੱਥਾਂ ਵਿਚ (ਹਰੇਕ) ਤਾਕਤ ਹੈ, ਉਹ ਪ੍ਰਭੂ (ਸਰਨ ਪਏ ਮਨੁੱਖ ਦੇ ਮਾਇਆ ਦੇ ਸਾਰੇ) ਬੰਧਨ ਕੱਟ ਦੇਂਦਾ ਹੈ।

34810	815	ਅਵਰ ਕਰਮ ਨਹੀ ਛੂਟੀਐ ਰਾਖਹੁ ਹਰਿ ਨਾਥ॥੧॥		Avar Karam Nehee Shhootteeai Raakhahu Har Naathh ||1||	No other actions will bring release; save me, O my Lord and Master. ||1||	(ਹੇ ਭਾਈ! ਪ੍ਰਭੂ ਦੀ ਸਰਨ ਪੈਣ ਤੋਂ ਬਿਨਾ) ਹੋਰ ਕੰਮਾਂ ਦੇ ਕਰਨ ਨਾਲ (ਇਹਨਾਂ ਬੰਧਨਾਂ ਤੋਂ ਖ਼ਲਾਸੀ ਨਹੀਂ ਮਿਲ ਸਕਦੀ (ਬੱਸ! ਹਰ ਵੇਲੇ ਇਹ ਅਰਦਾਸ ਕਰੋ-) ਹੇ ਹਰੀ! ਹੇ ਨਾਥ! ਸਾਡੀ ਰੱਖਿਆ ਕਰ ॥੧॥
34811	815	ਤਉ ਸਰਣਾਗਤਿ ਮਾਧਵੇ ਪੂਰਨ ਦਇਆਲ॥	ਸਰ-ਣਾਗਤਿ	Tho Saranaagath Maadhhavae Pooran Dhaeiaal ||	I have entered Your Sanctuary, O Perfect Lord of Mercy.	ਹੇ ਮਾਇਆ ਦੇ ਪਤੀ ਪ੍ਰਭੂ! ਹੇ (ਸਾਰੇ ਗੁਣਾਂ ਨਾਲ) ਭਰਪੂਰ ਪ੍ਰਭੂ! ਹੇ ਦਇਆ ਦੇ ਸੋਮੇ ਪ੍ਰਭੂ! (ਮੈਂ) ਤੇਰੀ ਸਰਨ ਆਇਆ (ਹਾਂ ਮੇਰੀ ਸੰਸਾਰ ਦੇ ਮੋਹ ਤੋਂ ਰੱਖਿਆ ਕਰ)।
34812	815	ਛੂਟਿ ਜਾਇ ਸੰਸਾਰ ਤੇ ਰਾਖੈ ਗੋਪਾਲ॥੧॥ਰਹਾਉ॥		Shhoott Jaae Sansaar Thae Raakhai Gopaal ||1|| Rehaao ||	Those whom You preserve and protect, O Lord of the Universe, are saved from the trap of the world. ||1||Pause||	(ਹੇ ਭਾਈ!) ਸ੍ਰਿਸ਼ਟੀ ਦਾ ਪਾਲਕ ਪ੍ਰਭੂ (ਜਿਸ ਮਨੁੱਖ ਦੀ) ਰੱਖਿਆ ਕਰਦਾ ਹੈ, ਉਹ ਮਨੁੱਖ ਸੰਸਾਰ ਦੇ ਮੋਹ ਤੋਂ ਬਚ ਜਾਂਦਾ ਹੈ ॥੧॥ ਰਹਾਉ ॥
34813	815	ਆਸਾ ਭਰਮ ਬਿਕਾਰ ਮੋਹ ਇਨ੍ ਮਹਿ ਲੋਭਾਨਾ॥		Aasaa Bharam Bikaar Moh Ein Mehi Lobhaanaa ||	Hope, doubt, corruption and emotional attachment - in these, he is engrossed.	(ਹੇ ਭਾਈ! ਮੰਦ-ਭਾਗੀ ਜੀਵ) ਦੁਨੀਆ ਦੀਆਂ ਆਸਾਂ, ਵਹਿਮ, ਵਿਕਾਰ, ਮਾਇਆ ਦਾ ਮੋਹ- ਇਹਨਾਂ ਵਿਚ ਹੀ ਫਸਿਆ ਰਹਿੰਦਾ ਹੈ।

34814	815	ਝੂਠੁ ਸਮਗ੍ਰੀ ਮਨਿ ਵਸੀ ਪਾਰਬ੍ਰਹਮੁ ਨ ਜਾਨਾ॥੨॥	ਸਮੱਗ੍ਰੀ	Jhooth Samagree Man Vasee Paarabreham N Jaanaa ||2||	The false material world abides in his mind, and he does not understand the Supreme Lord God. ||2||	ਜੇਹੜੀ ਮਾਇਆ, ਨਾਲ ਤੋੜ ਸਾਥ ਨਹੀਂ ਨਿਭਣਾ, ਉਹੀ ਇਸ ਦੇ ਮਨ ਵਿਚ ਟਿਕੀ ਰਹਿੰਦੀ ਹੈ, (ਕਦੇ ਭੀ ਇਹ) ਪਰਮਾਤਮਾ ਨਾਲ ਸਾਂਝ ਨਹੀਂ ਪਾਂਦਾ ॥੨॥
34815	815	ਪਰਮ ਜੋਤਿ ਪੂਰਨ ਪੁਰਖ ਸਭਿ ਜੀਅ ਤੁਮ੍ਹਾਰੇ॥		Param Joth Pooran Purakh Sabh Jeea Thumhaarae ||	O Perfect Lord of Supreme Light, all beings belong to You.	ਹੇ ਸਭ ਤੋਂ ਉਚੇ ਚਾਨਣ ਦੇ ਸੋਮੇ! ਹੇ ਸਭ ਗੁਣਾਂ ਨਾਲ ਭਰਪੂਰ ਪ੍ਰਭੂ! ਹੇ ਸਰਬ-ਵਿਆਪਕ ਪ੍ਰਭੂ! (ਅਸੀ) ਸਾਰੇ ਜੀਵ ਤੇਰੇ ਹੀ ਪੈਦਾ ਕੀਤੇ ਹੋਏ ਹਾਂ।
34816	815	ਜਿਉ ਤੂ ਰਾਖਹਿ ਤਿਉ ਰਹਾ ਪ੍ਰਭ ਅਗਮ ਅਪਾਰੇ॥੩॥		Jio Thoo Raakhehi Thio Rehaa Prabh Agam Apaarae ||3||	As You keep us, we live, O infinite, inaccessible God. ||3||	ਹੇ ਅਪਹੁੰਚ ਤੇ ਬੇਅੰਤ ਪ੍ਰਭੂ! ਜਿਵੇਂ ਤੂੰ ਹੀ ਮੈਨੂੰ ਰੱਖਦਾ ਹੈਂ, ਮੈਂ ਉਸੇ ਤਰ੍ਹਾਂ ਹੀ ਰਹਿ ਸਕਦਾ ਹਾਂ (ਮਾਇਆ ਦੇ ਬੰਧਨਾਂ ਤੋਂ ਤੂੰ ਹੀ ਮੈਨੂੰ ਬਚਾ ਸਕਦਾ ਹੈਂ) ॥੩॥
34817	815	ਕਰਣ ਕਾਰਣ ਸਮਰਥ ਪ੍ਰਭ ਦੇਹਿ ਅਪਨਾ ਨਾਉ ॥	ਸਮਰੱਥ	Karan Kaaran Samarathh Prabh Dhaehi Apanaa Naao ||	Cause of causes, All-powerful Lord God, please bless me with Your Name.	ਹੇ ਨਾਨਕ! (ਆਖ-) ਹੇ ਜਗਤ ਦੇ ਰਚਨਹਾਰ ਪ੍ਰਭੂ! ਹੇ ਸਭ ਕੁਝ ਕਰ ਸਕਣ ਵਾਲੇ ਪ੍ਰਭੂ! (ਮੈਨੂੰ) ਆਪਣਾ ਨਾਮ ਬਖ਼ਸ਼।

34818	815	ਨਾਨਕ ਤਰੀਐ ਸਾਧਸੰਗਿ ਹਰਿ ਹਰਿ ਗੁਣ ਗਾਉ॥੪॥੨੭॥੫੭॥		Naanak Thareeai Saadhhasang Har Har Gun Gaao ||4||27||57||	Nanak is carried across in the Saadh Sangat, the Company of the Holy, singing the Glorious Praises of the Lord, Har, Har. ||4||27||57||	(ਹੇ ਭਾਈ!) ਸਾਧ ਸੰਗਤਿ ਵਿਚ ਟਿਕ ਕੇ ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਇਆ ਕਰ, (ਇਸੇ ਤਰ੍ਹਾਂ ਹੀ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕਦਾ ਹੈਂ ॥੪॥੨੭॥੫੭॥
34819	815	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34820	815	ਕਵਨੁ ਕਵਨੁ ਨਹੀ ਪਤਰਿਆ ਤੁਮ੍ਰੀ ਪਰਤੀਤਿ॥	ਹੇ ਮਨ! ਤੇਰੀ ਪ੍ਰਤੀਤ ਕਰਕੇ ਕਿਹੜਾ-ਕਿਹੜਾ ਨਹੀ (ਪਤਰਿਆ) ਡਿੱਗਿਆ। ਪਤਰਿਆ:ਪੋਲਾ ਬੋਲੋ	Kavan Kavan Nehee Pathariaa Thumharee Paratheeth ||	Who? Who has not fallen, by placing their hopes in you?	ਹੇ ਮਨ! ਤੇਰਾ ਇਤਬਾਰ ਕਰ ਕੇ ਕਿਸ ਕਿਸ ਨੇ ਧੋਖਾ ਨਹੀਂ ਖਾਧਾ?
34821	815	ਮਹਾ ਮੋਹਨੀ ਮੋਹਿਆ ਨਰਕ ਕੀ ਰੀਤਿ॥੧॥		Mehaa Mohanee Mohiaa Narak Kee Reeth ||1||	You are enticed by the great enticer - this is the way to hell! ||1||	ਤੂੰ ਵੱਡੀ ਮੋਹਣ ਵਾਲੀ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈਂ (ਤੇ, ਇਹ) ਰਸਤਾ (ਸਿੱਧਾ) ਨਰਕਾਂ ਦਾ ਹੈ ॥੧॥
34822	815	ਮਨ ਖੁਟਹਰ ਤੇਰਾ ਨਹੀ ਬਿਸਾਸੁ ਤੂ ਮਹਾ ਉਦਮਾਦਾ॥	(ਖੁਟਹਰ)ਖੋਟੇ। (ਉਦਮਾਦਾ)ਕਮਲਾ	Man Khuttehar Thaeraa Nehee Bisaas Thoo Mehaa Oudhamaadhaa ||	O vicious mind, no faith can be placed in you; you are totally intoxicated.	ਹੇ ਖੋਟੇ ਮਨ! ਤੇਰਾ ਇਤਬਾਰ ਨਹੀਂ ਕੀਤਾ ਜਾ ਸਕਦਾ, (ਕਿਉਂਕਿ) ਤੂੰ (ਮਾਇਆ ਦੇ ਨਸ਼ੇ ਵਿਚ) ਬਹੁਤ ਮਸਤ ਰਹਿੰਦਾ ਹੈਂ।

34823	815	ਖਰ ਕਾ ਪੈਖਰੁ ਤਉ ਛੁਟੈ ਜਉ ਊਪਰਿ ਲਾਦਾ॥੧॥ਰਹਾਉ॥	(ਖਰ) ਖੋਤੇ ਵਾਂਗ ਅੜੀਅਲ ਵਿਕਾਰੀ ਮਨ, ਸਮਾਧੀ ਲਾਉਣ ਰੂਪ (ਪੈਖਰੁ) ਪੈਖੜ ਪਾਉਣਾ ਹੈ। ਸਤਿਸੰਗਤ ਚ ਕਥਾ ਕੀਰਤਨ ਸੁਣਾਉਣ ਰੂਪ ਛੱਟ (ਲਾਦਾ) ਲੱਦਣੀ	Khar Kaa Paikhar Tho Shhuttai Jo Oopar Laadhaa ||1|| Rehaao ||	The donkey's leash is only removed, after the load is placed on his back. ||1||Pause||	(ਜਿਵੇਂ) ਖੋਤੇ ਦੀ ਪਿਛਾੜੀ ਤਦੋਂ ਖੋਲ੍ਹੀ ਜਾਂਦੀ ਹੈ, ਜਦੋਂ ਉਸ ਨੂੰ ਉਤੋਂ ਲੱਦ ਲਿਆ ਜਾਂਦਾ ਹੈ (ਤਿਵੇਂ ਤੈਨੂੰ ਭੀ ਖ਼ਰਮਸਤੀ ਕਰਨ ਦਾ ਮੌਕਾ ਨਹੀਂ ਦਿੱਤਾ ਜਾਣਾ ਚਾਹੀਦਾ) ॥੧॥ ਰਹਾਉ ॥
34824	815	ਜਪ ਤਪ ਸੰਜਮ ਤੁਮ੍ ਖੰਡੇ ਜਮ ਕੇ ਦੁਖ ਡਾਂਡ॥		Jap Thap Sanjam Thumh Khanddae Jam Kae Dhukh Ddaandd ||	You destroy the value of chanting, intensive meditation and self-discipline; you shall suffer in pain, beaten by the Messenger of Death.	ਹੇ ਮਨ! ਤੂੰ ਜਪ, ਤਪ, ਸੰਜਮ (ਆਦਿਕ ਭਲੇ ਕੰਮਾਂ ਦੇ ਨੇਮ) ਤੋੜ ਦੇਂਦਾ ਹੈਂ, (ਇਸ ਕਰ ਕੇ) ਜਮਰਾਜ ਦੇ ਦੁੱਖ ਤੇ ਡੰਨ ਸਹਾਰਦਾ ਹੈਂ।
34825	815	ਸਿਮਰਹਿ ਨਾਹੀ ਜੋਨਿ ਦੁਖ ਨਿਰਲਜੇ ਭਾਂਡ॥੨॥	ਨਿਰ-ਲੱਜੇ	Simarehi Naahee Jon Dhukh Niralajae Bhaandd ||2||	You do not meditate, so you shall suffer the pains of reincarnation, you shameless buffoon! ||2||	ਹੇ ਬੇਸ਼ਰਮ ਭੰਡ! ਤੂੰ ਜਨਮ ਮਰਨ ਦੇ ਗੇੜ ਦੇ ਦੁੱਖ ਚੇਤੇ ਨਹੀਂ ਕਰਦਾ ॥੨॥
34826	815	ਹਰਿ ਸੰਗਿ ਸਹਾਈ ਮਹਾ ਮੀਤੁ ਤਿਸ ਸਿਉ ਤੇਰਾ ਭੇਦੁ॥		Har Sang Sehaaee Mehaa Meeth This Sio Thaeraa Bhaedh ||	The Lord is your Companion, your Helper, your Best Friend; but you disagree with Him.	ਹੇ ਮਨ! ਪਰਮਾਤਮਾ (ਹੀ ਸਦਾ) ਤੇਰੇ ਨਾਲ ਹੈ, ਤੇਰਾ ਮਦਦਗਾਰ ਹੈ, ਤੇਰਾ ਮਿੱਤਰ ਹੈ, ਉਸ ਨਾਲੋਂ ਤੇਰੀ ਵਿੱਥ ਬਣੀ ਪਈ ਹੈ।

34827	815	ਬੀਧਾ ਪੰਚ ਬਟਵਾਰਈ ਉਪਜਿਓ ਮਹਾ ਖੇਦੁ॥੩॥	ਬੀਧਾ ਕਸਕੇ। ਬਟਵਾਰ-ਈ	Beedhhaa Panch Battavaaree Oupajiou Mehaa Khaedh ||3||	You are in love with the five thieves; this brings terrible pain. ||3||	ਤੈਨੂੰ (ਕਾਮਾਦਿਕ) ਪੰਜ ਲੁਟੇਰਿਆਂ ਨੇ ਆਪਣੇ ਵੱਸ ਵਿਚ ਕਰ ਰੱਖਿਆ ਹੈ (ਜਿਸ ਕਰਕੇ ਤੇਰੇ ਅੰਦਰ) ਬੜਾ ਦੁੱਖ-ਕਲੇਸ਼ ਬਣਿਆ ਰਹਿੰਦਾ ਹੈ ॥੩॥
34828	815	ਨਾਨਕ ਤਿਨ ਸੰਤਨ ਸਰਣਾਗਤੀ ਜਿਨ ਮਨੁ ਵਸਿ ਕੀਨਾ॥	ਸਰਣਾ-ਗਤੀ, ਵੱਸਿ	Naanak Thin Santhan Saranaagathee Jin Man Vas Keenaa ||	Nanak seeks the Sanctuary of the Saints, who have conquered their minds.	ਹੇ ਨਾਨਕ! ਜਿਨ੍ਹਾਂ ਸੰਤ ਜਨਾਂ ਨੇ (ਆਪਣਾ) ਮਨ (ਆਪਣੇ) ਵੱਸ ਵਿਚ ਕਰ ਲਿਆ ਹੈ, ਜਿਨ੍ਹਾਂ ਜਨਾਂ ਨੂੰ ਪ੍ਰਭੂ ਨੇ (ਇਹ ਦਾਤਿ) ਦਿੱਤੀ ਹੈ, ਉਹਨਾਂ ਦੀ ਸਰਨ ਪੈਣਾ ਚਾਹੀਦਾ ਹੈ।
34829	815	ਤਨੁ ਧਨੁ ਸਰਬਸੁ ਆਪਣਾ ਪ੍ਰਭਿ ਜਨ ਕਉ ਦੀਨ੍ਹਾ॥੪॥੨੮॥੫੮॥	ਸਰਬਸੁਸਰਬੰਸ। ਸਰਬਸੁ ਪੋਲਾ ਮਿਲਵਾਂ	Than Dhhan Sarabas Aapanaa Prabh Jan Ko Dheenhaa ||4||28||58||	He gives body, wealth and everything to the slaves of God. ||4||28||58||	ਆਪਣਾ ਤਨ, ਆਪਣਾ ਧਨ, ਸਭ ਕੁਝ ਉਹਨਾਂ ਸੰਤ ਜਨਾਂ ਤੋਂ ਸਦਕੇ ਕਰਨਾ ਚਾਹੀਦਾ ਹੈ ॥੪॥੨੮॥੫੮॥
34830	815	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34831	815	ਉਦਮੁ ਕਰਤ ਆਨਦੁ ਭਇਆ ਸਿਮਰਤ ਸੁਖ ਸਾਰੁ॥		Oudham Karath Aanadh Bhaeiaa Simarath Sukh Saar ||	Try to meditate, and contemplate the source of peace, and bliss will come to you.	ਹੇ ਭਾਈ! (ਪਰਮਾਤਮਾ ਦਾ ਨਾਮ ਜਪਣ ਦਾ) ਉੱਦਮ ਕਰਦਿਆਂ (ਮਨ ਵਿਚ) ਸਰੂਰ ਪੈਦਾ ਹੁੰਦਾ ਹੈ, ਨਾਮ ਸਿਮਰਦਿਆਂ ਸਭ ਤੋਂ ਸ੍ਰੇਸ਼ਟ ਸੁਖ ਮਿਲਦਾ ਹੈ।

34832	815	ਜਪਿ ਜਪਿ ਨਾਮੁ ਗੋਬਿੰਦ ਕਾ ਪੂਰਨ ਬੀਚਾਰੁ॥੧॥		Jap Jap Naam Gobindh Kaa Pooran Beechaar ||1||	Chanting, and meditating on the Name of the Lord of the Universe, perfect understanding is achieved. ||1||	ਪਰਮਾਤਮਾ ਦਾ ਨਾਮ ਮੁੜ ਮੁੜ ਜਪ ਕੇ ਸਭ ਗੁਣਾਂ ਨਾਲ ਭਰਪੂਰ ਪਰਮਾਤਮਾ ਦੇ ਗੁਣਾਂ ਦਾ ਵਿਚਾਰ (ਮਨ ਵਿਚ ਟਿਕਿਆ ਰਹਿੰਦਾ ਹੈ) ॥੧॥
34833	815	ਚਰਨਕਮਲ ਗੁਰ ਕੇ ਜਪਤ ਹਰਿ ਜਪਿ ਹਉ ਜੀਵਾ॥		Charan Kamal Gur Kae Japath Har Jap Ho Jeevaa ||	Meditating on the Lotus Feet of the Guru, and chanting the Name of the Lord, I live.	ਹੇ ਭਾਈ! ਗੁਰੂ ਦੇ ਸੋਹਣੇ ਚਰਨਾਂ ਦਾ ਧਿਆਨ ਧਰ ਕੇ ਮੈਨੂੰ ਆਤਮਕ ਜੀਵਨ ਪ੍ਰਾਪਤ ਹੁੰਦਾ ਹੈ।
34834	815	ਪਾਰਬ੍ਰਹਮੁ ਆਰਾਧਤੇ ਮੁਖਿ ਅੰਮ੍ਰਿਤੁ ਪੀਵਾ॥੧॥ਰਹਾਉ॥		Paarabreham Aaraadhhathae Mukh Anmrith Peevaa ||1|| Rehaao ||	Worshipping the Supreme Lord God in adoration, my mouth drinks in the Ambrosial Nectar. ||1||Pause||	ਪਰਮਾਤਮਾ ਦਾ ਆਰਾਧਨ ਕਰਦਿਆਂ, ਪਰਮਾਤਮਾ ਦਾ ਨਾਮ ਜਪ ਜਪ ਕੇ ਮੈਂ ਮੂੰਹ ਨਾਲ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਹਾਂ ॥੧॥ ਰਹਾਉ ॥
34835	815	ਜੀਅ ਜੰਤ ਸਭਿ ਸੁਖਿ ਬਸੇ ਸਭ ਕੈ ਮਨਿ ਲੋਚ॥		Jeea Janth Sabh Sukh Basae Sabh Kai Man Loch ||	All beings and creatures dwell in peace; the minds of all yearn for the Lord.	ਹੇ ਭਾਈ! (ਪਰਮਾਤਮਾ ਦਾ ਆਰਾਧਨ ਕਰਦਿਆਂ) ਸਾਰੇ ਜੀਅ ਜੰਤ ਆਤਮਕ ਆਨੰਦ ਵਿਚ ਲੀਨ ਰਹਿੰਦੇ ਹਨ, (ਜਪਣ ਵਾਲੇ) ਸਭਨਾਂ ਦੇ ਮਨ ਵਿਚ (ਸਿਮਰਨ ਦੀ) ਤਾਂਘ ਪੈਦਾ ਹੋਈ ਰਹਿੰਦੀ ਹੈ।

34836	815	ਪਰਉਪਕਾਰੁ ਨਿਤ ਚਿਤਵਤੇ ਨਾਹੀ ਕਛੁ ਪੋਚ॥੨॥		Paroupakaar Nith Chithavathae Naahee Kashh Poch ||2||	Those who continually remember the Lord, do good deeds for others; they harbor no ill will towards anyone. ||2||	(ਜੇਹੜੇ ਜੇਹੜੇ ਮਨੁੱਖ ਨਾਮ ਜਪਦੇ ਹਨ, ਉਹ) ਸਦਾ ਦੂਜਿਆਂ ਦੀ ਭਲਾਈ ਕਰਨ ਦਾ ਕੰਮ ਸੋਚਦੇ ਰਹਿੰਦੇ ਹਨ, ਕੋਈ ਪਾਪ-ਵਿਕਾਰ ਉਹਨਾਂ ਉਤੇ ਆਪਣਾ ਅਸਰ ਨਹੀਂ ਪਾ ਸਕਦਾ ॥੨॥
34837	816	ਧੰਨੁ ਸੁ ਥਾਨੁ ਬਸੰਤ ਧੰਨੁ ਜਹ ਜਪੀਐ ਨਾਮੁ॥		Dhhann S Thhaan Basanth Dhhann Jeh Japeeai Naam ||	Blessed is that place, and blessed are those who dwell there, where they chant the Naam, the Name of the Lord.	ਹੇ ਭਾਈ! ਜਿਸ ਥਾਂ ਪਰਮਾਤਮਾ ਦਾ ਨਾਮ ਜਪਿਆ ਜਾਂਦਾ ਹੈ, ਉਹ ਥਾਂ ਭਾਗਾਂ ਵਾਲਾ ਹੋ ਜਾਂਦਾ ਹੈ, ਉਥੇ ਵੱਸਣ ਵਾਲੇ ਭੀ ਭਾਗਾਂ ਵਾਲੇ ਬਣ ਜਾਂਦੇ ਹਨ,
34838	816	ਕਥਾ ਕੀਰਤਨੁ ਹਰਿ ਅਤਿ ਘਨਾ ਸੁਖ ਸਹਜ ਬਿਸ੍ਰਾਮੁ॥੩॥		Kathhaa Keerathan Har Ath Ghanaa Sukh Sehaj Bisraam ||3||	The Sermon and the Kirtan of the Lord's Praises are sung there very often; there is peace, poise and tranquility. ||3||	(ਕਿਉਂਕਿ ਜਿਸ ਥਾਂ) ਪਰਮਾਤਮਾ ਦੀ ਕਥਾ-ਵਾਰਤਾ, ਪ੍ਰਭੂ ਦੀ ਸਿਫ਼ਤਿ-ਸਾਲਾਹ ਬਹੁਤ ਹੁੰਦੀ ਰਹੇ, ਉਹ ਥਾਂ ਆਤਮਕ ਆਨੰਦ ਦਾ, ਆਤਮਕ ਅਡੋਲਤਾ ਦਾ ਟਿਕਾਣਾ (ਸੋਮਾ) ਬਣ ਜਾਂਦਾ ਹੈ ॥੩॥
34839	816	ਮਨ ਤੇ ਕਦੇ ਨ ਵੀਸਰੈ ਅਨਾਥ ਕੋ ਨਾਥ॥		Man Thae Kadhae N Veesarai Anaathh Ko Naathh ||	In my mind, I never forget the Lord; He is the Master of the masterless.	(ਇਸ ਵਾਸਤੇ ਹੇ ਭਾਈ!) ਉਹ ਅਨਾਥਾਂ ਦਾ ਨਾਥ ਪ੍ਰਭੂ ਕਦੇ ਮਨ ਤੋਂ ਭੁੱਲਣਾ ਨਹੀਂ ਚਾਹੀਦਾ।

34840	816	ਨਾਨਕ ਪ੍ਰਭ ਸਰਣਾਗਤੀ ਜਾ ਕੈ ਸਭੁ ਕਿਛੁ ਹਾਥ॥੪॥੨੯॥੫੯॥	ਸਰ-ਣਾਗਤੀ	Naanak Prabh Saranaagathee Jaa Kai Sabh Kishh Haathh ||4||29||59||	Nanak has entered the Sanctuary of God; everything is in His hands. ||4||29||59||	ਹੇ ਨਾਨਕ! (ਆਖ-) ਉਸ ਪ੍ਰਭੂ ਦੀ ਸਰਨ ਸਦਾ ਪਏ ਰਹਿਣਾ ਚਾਹੀਦਾ ਹੈ, ਜਿਸ ਦੇ ਹੱਥ ਵਿਚ ਹਰੇਕ ਚੀਜ਼ ਹੈ ॥੪॥੨੯॥੫੯॥
34841	816	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34842	816	ਜਿਨਿ ਤੂ ਬੰਧਿ ਕਰਿ ਛੋਡਿਆ ਫੁਨਿ ਸੁਖ ਮਹਿ ਪਾਇਆ॥		Jin Thoo Bandhh Kar Shhoddiaa Fun Sukh Mehi Paaeiaa ||	The One who bound you in the womb and then released you, placed you in the world of joy.	ਹੇ ਭਾਈ! ਜਿਸ ਪਰਮਾਤਮਾ ਨੇ ਤੈਨੂੰ (ਪਹਿਲਾਂ ਮਾਂ ਦੇ ਪੇਟ ਵਿਚ) ਬੰਨ੍ਹ ਕੇ ਰੱਖਿਆ ਹੋਇਆ ਸੀ, ਫਿਰ (ਮਾਂ ਦੇ ਪੇਟ ਵਿਚੋਂ ਕੱਢ ਕੇ ਜਗਤ ਵਿਚ ਲਿਆ ਕੇ ਜਗਤ ਦੇ) ਸੁਖਾਂ ਵਿਚ ਲਿਆ ਵਸਾਇਆ ਹੈ,
34843	816	ਸਦਾ ਸਿਮਰਿ ਚਰਣਾਰਬਿੰਦ ਸੀਤਲ ਹੋਤਾਇਆ॥੧॥	ਔਗੁਣਾਂ ਪਾਪਾਂ ਵਿਕਾਰਾਂ ਦਾ ਤਪਾਇਆ ਸੀਤਲਠੰਢਾ। (ਹੋਤਾਇਆ)ਹੋ ਜਾਂਦਾ ਹੈ। ਚਰਣਾਰ-ਬਿੰਦ (੨. ਹੋ ਤਾਇਆ)	Sadhaa Simar Charanaarabindh Seethal Hothaaeiaa ||1||	Contemplate His Lotus Feet forever, and you shall be cooled and soothed. ||1||	ਉਸ ਦੇ ਸੋਹਣੇ ਚਰਨ ਸਦਾ ਸਿਮਰਦਾ ਰਹੁ। (ਇਸ ਤਰ੍ਹਾਂ ਸਦਾ) ਸ਼ਾਂਤ-ਚਿੱਤ ਰਹਿ ਸਕੀਦਾ ਹੈ ॥੧॥

34844	816	ਜੀਵਤਿਆ ਅਥਵਾ ਮੁਇਆ ਕਿਛੁ ਕਾਮਿ ਨ ਆਵੈ॥		Jeevathiaa Athhavaa Mueiaa Kishh Kaam N Aavai ||	In life and in death, this Maya is of no use.	(ਹੇ ਭਾਈ! ਜੇਹੜੀ ਮਾਇਆ) ਇਸ ਲੋਕ ਅਤੇ ਪਰਲੋਕ ਵਿਚ ਕਿਤੇ ਭੀ ਸਾਥ ਨਹੀਂ ਨਿਬਾਹੁੰਦੀ (ਜੀਵ ਉਸ ਨਾਲ ਸਦਾ ਮੋਹ ਪਾਈ ਰੱਖਦਾ ਹੈ)।
34845	816	ਜਿਨਿ ਏਹੁ ਰਚਨ ਰਚਾਇਆ ਕੋਊ ਤਿਸ ਸਿਉ ਰੰਗੁ ਲਾਵੈ॥੧॥ਰਹਾਉ॥		Jin Eaehu Rachan Rachaaeiaa Kooo This Sio Rang Laavai ||1|| Rehaao ||	He created this creation, but rare are those who enshrine love for Him. ||1||Pause||	ਜਿਸ ਪਰਮਾਤਮਾ ਨੇ ਇਹ ਸਾਰਾ ਜਗਤ ਪੈਦਾ ਕੀਤਾ ਹੈ, ਉਸ ਨਾਲ ਕੋਈ ਵਿਰਲਾ ਮਨੁੱਖ ਪਿਆਰ ਬਣਾਂਦਾ ਹੈ ॥੧॥ ਰਹਾਉ ॥
34846	816	ਰੇ ਪ੍ਰਾਣੀ ਉਸਨ ਸੀਤ ਕਰਤਾ ਕਰੈ ਘਾਮ ਤੇ ਕਾਢੈ॥	ਉਸਨ:ਪੋਲਾ ਬੋਲੋ	Rae Praanee Ousan Seeth Karathaa Karai Ghaam Thae Kaadtai ||	O mortal, the Creator Lord made summer and winter; He saves you from the heat.	ਹੇ ਭਾਈ! (ਵਿਕਾਰਾਂ ਦੀ) ਗਰਮੀ ਅਤੇ (ਨਾਮ ਦੀ) ਠੰਢਕ ਪਰਮਾਤਮਾ ਆਪ ਹੀ ਬਣਾਂਦਾ ਹੈ, ਉਹ (ਆਪ ਹੀ ਵਿਕਾਰਾਂ ਦੀ) ਤਪਸ਼ ਵਿਚੋਂ ਕੱਢਦਾ ਹੈ।
34847	816	ਕੀਰੀ ਤੇ ਹਸਤੀ ਕਰੈ ਟੂਟਾ ਲੇ ਗਾਢੈ॥੨॥		Keeree Thae Hasathee Karai Ttoottaa Lae Gaadtai ||2||	From the ant, He makes an elephant; He reunites those who have been separated. ||2||	ਉਹ ਪ੍ਰਭੂ ਕੀੜੀ (ਨਾਚੀਜ਼ ਜੀਵ ਤੋਂ) ਹਾਥੀ (ਮਾਣ-ਆਦਰ ਵਾਲਾ) ਬਣਾ ਦੇਂਦਾ ਹੈ, (ਆਪਣੇ ਚਰਨਾਂ ਨਾਲੋਂ) ਟੁੱਟੇ ਹੋਏ ਜੀਵ ਨੂੰ ਉਹ ਆਪ ਹੀ (ਬਾਹੋਂ) ਫੜ ਕੇ (ਆਪਣੇ ਚਰਨਾਂ ਨਾਲ) ਗੰਢ ਲੈਂਦਾ ਹੈ (ਉਸੇ ਦੀ ਸਰਨ ਪਿਆ ਰਹੁ) ॥੨॥

34848	816	ਅੰਡਜ ਜੇਰਜ ਸੇਤਜ ਉਤਭੁਜਾ ਪ੍ਰਭ ਕੀ ਇਹ ਕਿਰਤਿ॥		Anddaj Jaeraj Saethaj Outhabhujaa Prabh Kee Eih Kirath ||	Eggs, wombs, sweat and earth - these are God's workshops of creation.	(ਹੇ ਭਾਈ! ਦੁਨੀਆ ਵਿਚ) ਅੰਡੇ ਤੋਂ ਪੈਦਾ ਹੋਏ ਜੀਵ, ਜਿਓਰ ਤੋਂ ਜੰਮੇ ਹੋਏ ਜੀਵ, ਪਸੀਨੇ ਤੋਂ ਪੈਦਾ ਹੋਏ ਜੀਵ, ਸਾਰੀ ਬਨਸਪਤੀ- ਇਹ ਸਾਰੀ ਪਰਮਾਤਮਾ ਦੀ ਹੀ ਪੈਦਾ ਕੀਤੀ ਹੋਈ ਰਚਨਾ ਹੈ।
34849	816	ਕਿਰਤ ਕਮਾਵਨ ਸਰਬ ਫਲ ਰਵੀਐ ਹਰਿ ਨਿਰਤਿ॥੩॥		Kirath Kamaavan Sarab Fal Raveeai Har Nirath ||3||	It is fruitful for all to practice contemplation of the Lord. ||3||	ਉਸ ਪਰਮਾਤਮਾ ਦਾ ਨਾਮ (ਇਸ ਰਚਨਾ ਤੋਂ) ਨਿਰਮੋਹ ਰਹਿ ਕੇ ਸਿਮਰਨਾ ਚਾਹੀਦਾ ਹੈ- ਇਹ ਕਮਾਈ ਕਰਨ ਨਾਲ (ਜੀਵਨ ਦੇ) ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ ॥੩॥
34850	816	ਹਮ ਤੇ ਕਛੂ ਨ ਹੋਵਨਾ ਸਰਣਿ ਪ੍ਰਭ ਸਾਧ॥		Ham Thae Kashhoo N Hovanaa Saran Prabh Saadhh ||	I cannot do anything; O God, I seek the Sanctuary of the Holy.	ਹੇ ਪ੍ਰਭੂ! ਅਸਾਂ ਜੀਵਾਂ ਪਾਸੋਂ ਕੁਝ ਭੀ ਨਹੀਂ ਹੋ ਸਕਦਾ (ਸਾਨੂੰ) ਗੁਰੂ ਦੀ ਸਰਨ ਪਾਈ ਰੱਖ।
34851	816	ਮੋਹ ਮਗਨ ਕੂਪ ਅੰਧ ਤੇ ਨਾਨਕ ਗੁਰ ਕਾਢ॥੪॥੩੦॥੬੦॥		Moh Magan Koop Andhh Thae Naanak Gur Kaadt ||4||30||60||	Guru Nanak pulled me up, out of the deep, dark pit, the intoxication of attachment. ||4||30||60||	ਹੇ ਨਾਨਕ! (ਅਰਦਾਸ ਕਰਿਆ ਕਰ-) ਹੇ ਗੁਰੂ! ਅਸੀਂ ਜੀਵ ਮਾਇਆ ਦੇ ਮੋਹ ਵਿਚ ਡੁੱਬੇ ਰਹਿੰਦੇ ਹਾਂ, (ਸਾਨੂੰ ਮੋਹ ਦੇ ਇਸ) ਹਨੇਰੇ ਖੂਹ ਵਿਚੋਂ ਕੱਢ ਲੈ ॥੪॥੩੦॥੬੦॥
34852	816	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

34853	816	ਖੋਜਤ ਖੋਜਤ ਮੈ ਫਿਰਾ ਖੋਜਉ ਬਨ ਥਾਨ॥		Khojath Khojath Mai Firaa Khojo Ban Thhaan ||	Searching, searching, I wander around searching, in the woods and other places.	(ਹੇ ਭਾਈ! ਪ੍ਰਭੂ ਨੂੰ) ਲੱਭਦਾ ਲੱਭਦਾ ਮੈਂ (ਹਰ ਪਾਸੇ) ਫਿਰਦਾ ਰਹਿੰਦਾ ਹਾਂ, ਮੈਂ ਕਈ ਜੰਗਲ ਅਨੇਕਾਂ ਥਾਂ ਖੋਜਦਾ ਫਿਰਦਾ ਹਾਂ।
34854	816	ਅਛਲ ਅਛੇਦ ਅਭੇਦ ਪ੍ਰਭ ਐਸੇ ਭਗਵਾਨ॥੧॥	ਅ-ਛਲ	Ashhal Ashhaedh Abhaedh Prabh Aisae Bhagavaan ||1||	He is undeceivable, imperishable, inscrutable; such is my Lord God. ||1||	(ਪਰ ਮੈਨੂੰ ਪ੍ਰਭੂ ਕਿਤੇ ਭੀ ਨਹੀਂ ਲੱਭਦਾ। ਮੈਂ ਸੁਣਿਆ ਹੈ ਕਿ ਉਹ) ਭਗਵਾਨ ਪ੍ਰਭੂ ਜੀ ਇਹੋ ਜਿਹੇ ਹਨ ਕਿ ਉਸ ਨੂੰ ਮਾਇਆ ਛਲ ਨਹੀਂ ਸਕਦੀ, ਉਹ ਨਾਸ-ਰਹਿਤ ਹੈ, ਅਤੇ ਉਸ ਦਾ ਭੇਦ ਨਹੀਂ ਪਾਇਆ ਜਾ ਸਕਦਾ ॥੧॥
34855	816	ਕਬ ਦੇਖਉ ਪ੍ਰਭੁ ਆਪਨਾ ਆਤਮ ਕੈ ਰੰਗਿ॥		Kab Dhaekho Prabh Aapanaa Aatham Kai Rang ||	When shall I behold my God, and delight my soul?	(ਹੇ ਭਾਈ! ਮੈਨੂੰ ਹਰ ਵੇਲੇ ਇਹ ਤਾਂਘ ਰਹਿੰਦੀ ਹੈ ਕਿ) ਆਪਣੀ ਜਿੰਦ ਦੇ ਚਾਉ ਨਾਲ ਕਦੋਂ ਮੈਂ ਆਪਣੇ (ਪਿਆਰੇ) ਪ੍ਰਭੂ ਨੂੰ ਵੇਖ ਸਕਾਂਗਾ।
34856	816	ਜਾਗਨ ਤੇ ਸੁਪਨਾ ਭਲਾ ਬਸੀਐ ਪ੍ਰਭ ਸੰਗਿ॥੧॥ਰਹਾਉ॥		Jaagan Thae Supanaa Bhalaa Baseeai Prabh Sang ||1|| Rehaao ||	Even better than being awake, is the dream in which I dwell with God. ||1||Pause||	(ਜੇ ਰਾਤ ਨੂੰ ਸੁੱਤੇ ਪਿਆਂ ਸੁਪਨੇ ਵਿਚ ਹੀ) ਪ੍ਰਭੂ ਦੇ ਨਾਲ ਵੱਸ ਸਕੀਏ, ਤਾਂ ਇਸ ਜਾਗਦੇ ਰਹਿਣ ਨਾਲੋਂ (ਸੁੱਤੇ ਪਿਆਂ ਉਹ) ਸੁਪਨਾ ਚੰਗਾ ਹੈ ॥੧॥ ਰਹਾਉ ॥

34857	816	ਬਰਨ ਆਸ੍ਰਮ ਸਾਸਤ੍ਰ ਸੁਨਉ ਦਰਸਨ ਕੀ ਪਿਆਸ॥		Baran Aasram Saasathr Suno Dharasan Kee Piaas ||	Listening to the Shaastras teaching about the four social classes and the four stages of life, I grow thirsty for the Blessed Vision of the Lord.	(ਹੇ ਭਾਈ! ਪ੍ਰਭੂ ਦਾ ਦਰਸਨ ਕਰਨ ਵਾਸਤੇ) ਮੈਂ ਚਹੁੰਆਂ ਵਰਨਾਂ ਅਤੇ ਚਹੁੰਆਂ ਆਸ੍ਰਮਾਂ ਦੇ ਕਰਮ ਕਰਦਾ ਹਾਂ, ਸ਼ਾਸਤ੍ਰਾਂ (ਦੇ ਉਪਦੇਸ਼ ਭੀ) ਸੁਣਦਾ ਹਾਂ (ਪਰ ਦਰਸਨ ਨਹੀਂ ਹੁੰਦਾ) ਦਰਸਨ ਦੀ ਲਾਲਸਾ ਬਣੀ ਹੀ ਰਹਿੰਦੀ ਹੈ।
34858	816	ਰੂਪੁ ਨ ਰੇਖ ਨ ਪੰਚ ਤਤ ਠਾਕੁਰ ਅਬਿਨਾਸ॥੨॥		Roop N Raekh N Panch Thath Thaakur Abinaas ||2||	He has no form or outline, and He is not made of the five elements; our Lord and Master is imperishable. ||2||	(ਹੇ ਭਾਈ!) ਉਸ ਅਬਿਨਾਸੀ ਠਾਕੁਰ-ਪ੍ਰਭੂ ਦਾ ਨਾਹ ਕੋਈ ਰੂਪ ਚਿਹਨ-ਚੱਕ੍ਰ ਹੈ ਅਤੇ ਨਾਹ ਹੀ ਉਹ (ਜੀਵਾਂ ਵਾਂਗ) ਪੰਜ ਤੱਤਾਂ ਤੋਂ ਬਣਿਆ ਹੈ ॥੨॥
34859	816	ਓਹੁ ਸਰੂਪੁ ਸੰਤਨ ਕਹਹਿ ਵਿਰਲੇ ਜੋਗੀਸੁਰ॥		Ouhu Saroop Santhan Kehehi Viralae Jogeesur ||	How rare are those Saints and great Yogis, who describe the beautiful form of the Lord.	(ਹੇ ਭਾਈ!) ਉਹ ਵਿਰਲੇ ਜੋਗੀਰਾਜ ਹੀ ਉਹ ਸੰਤ ਜਨ ਹੀ (ਉਸ ਪ੍ਰਭੂ ਦਾ) ਉਹ ਸਰੂਪ ਬਿਆਨ ਕਰਦੇ ਹਨ (ਕਿ ਉਸ ਦਾ ਕੋਈ ਰੂਪ ਰੇਖ ਨਹੀਂ ਹੈ)।
34860	816	ਕਰਿ ਕਿਰਪਾ ਜਾ ਕਉ ਮਿਲੇ ਧਨਿ ਧਨਿ ਤੇ ਈਸੁਰ॥੩॥		Kar Kirapaa Jaa Ko Milae Dhhan Dhhan Thae Eesur ||3||	Blessed, blessed are they, whom the Lord meets in His Mercy. ||3||	ਕਿਰਪਾ ਕਰ ਕੇ ਪ੍ਰਭੂ ਆਪ ਹੀ ਜਿਨ੍ਹਾਂ ਨੂੰ ਮਿਲਦਾ ਹੈ, ਉਹ ਵੱਡੇ ਜੋਗੀ ਹਨ, ਉਹੋ ਵੱਡੇ ਭਾਗਾਂ ਵਾਲੇ ਹਨ ॥੩॥

34861	816	ਸੋ ਅੰਤਰਿ ਸੋ ਬਾਹਰੇ ਬਿਨਸੇ ਤਹ ਭਰਮਾ॥		So Anthar So Baaharae Binasae Theh Bharamaa ||	They know that He is deep within, and outside as well; their doubts are dispelled.	(ਹੇ ਭਾਈ! ਵਿਰਲੇ ਸੰਤ ਜਨ ਹੀ ਦਿੱਸਦੇ ਹਨ ਕਿ) ਉਹ ਪ੍ਰਭੂ ਸਭ ਜੀਵਾਂ ਦੇ ਅੰਦਰ ਵੱਸਦਾ ਹੈ, ਅਤੇ ਉਹ ਸਭਨਾਂ ਤੋਂ ਵੱਖਰਾ ਭੀ ਹੈ, ਉਸ ਪ੍ਰਭੂ ਦੇ ਚਰਨਾਂ ਵਿਚ ਜੁੜਿਆਂ ਸਾਰੇ ਭਰਮ-ਵਹਿਮ ਨਾਸ ਹੋ ਜਾਂਦੇ ਹਨ।
34862	816	ਨਾਨਕ ਤਿਸੁ ਪ੍ਰਭੁ ਭੇਟਿਆ ਜਾ ਕੇ ਪੂਰਨ ਕਰਮਾ॥੪॥੩੧॥੬੧॥		Naanak This Prabh Bhaettiaa Jaa Kae Pooran Karamaa ||4||31||61||	O Nanak, God meets those, whose karma is perfect. ||4||31||61||	ਹੇ ਨਾਨਕ! ਜਿਸ ਮਨੁੱਖ ਦੇ ਪੂਰਨ ਭਾਗ ਜਾਗ ਪੈਂਦੇ ਹਨ ਉਸ ਨੂੰ ਉਹ ਪ੍ਰਭੂ (ਆਪ ਹੀ) ਮਿਲ ਪੈਂਦਾ ਹੈ ॥੪॥੩੧॥੬੧॥
34863	816	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34864	816	ਜੀਅ ਜੰਤ ਸੁਪ੍ਰਸੰਨ ਭਏ ਦੇਖਿ ਪ੍ਰਭ ਪਰਤਾਪ॥	ਸੁਪ੍ਰਸੰਨ	Jeea Janth Suprasann Bheae Dhaekh Prabh Parathaap ||	All beings and creatures are totally pleased, gazing on God's glorious radiance.	ਹੇ ਭਾਈ! ਉਹ ਸਾਰੇ ਜੀਵ ਪਰਮਾਤਮਾ ਦੀ ਪ੍ਰਤੱਖ ਵਡਿਆਈ ਵੇਖ ਕੇ ਨਿਹਾਲ ਹੋ ਜਾਂਦੇ ਹਨ,
34865	816	ਕਰਜੁ ਉਤਾਰਿਆ ਸਤਿਗੁਰੂ ਕਰਿ ਆਹਰੁ ਆਪ॥੧॥		Karaj Outhaariaa Sathiguroo Kar Aahar Aap ||1||	The True Guru has paid off my debt; He Himself did it. ||1||	ਗੁਰੂ ਨੇ ਆਪ ਉੱਦਮ ਕਰ ਕੇ (ਜਿਸ ਜਿਸ ਜੀਵ ਨੂੰ ਗੁਰ-ਸ਼ਬਦ ਦੀ ਦਾਤ ਦੇ ਕੇ ਉਹਨਾਂ ਦੇ ਸਿਰ ਉਤੇ ਪਿਛਲੇ ਜਨਮਾਂ ਦੇ ਕੀਤੇ ਹੋਏ) ਵਿਕਾਰਾਂ ਦਾ ਭਾਰ ਲਾਹ ਦਿੱਤਾ ॥੧॥

34866	816	ਖਾਤ ਖਰਚਤ ਨਿਬਹਤ ਰਹੈ ਗੁਰ ਸਬਦੁ ਅਖੂਟ॥	ਨਿਬ-ਹਤ:ਪੋਲਾ ਬੋਲੋ	Khaath Kharachath Nibehath Rehai Gur Sabadh Akhoott ||	Eating and expending it, it is always available; the Word of the Guru's Shabad is inexhaustible.	ਹੇ ਭਾਈ! ਗੁਰੂ ਦਾ ਸ਼ਬਦ (ਆਤਮਕ ਜੀਵਨ ਦੇ ਪਲਰਨ ਵਾਸਤੇ ਇਕ ਐਸਾ ਭੋਜਨ ਹੈ ਜੋ) ਕਦੇ ਨਹੀਂ ਮੁੱਕਦਾ। (ਜਿਸ ਮਨੁੱਖ ਦੀ ਉਮਰ ਇਹ ਭੋਜਨ ਆਪ) ਵਰਤਦਿਆਂ (ਅਤੇ ਹੋਰਨਾਂ ਨੂੰ) ਵੰਡਦਿਆਂ ਗੁਜ਼ਰਦੀ ਹੈ,
34867	816	ਪੂਰਨ ਭਈ ਸਮਗਰੀ ਕਬਹੂ ਨਹੀ ਤੂਟ॥੧॥ਰਹਾਉ॥	ਸਮੱਗਰੀ	Pooran Bhee Samagaree Kabehoo Nehee Thoott ||1|| Rehaao ||	Everything is perfectly arranged; it is never exhausted. ||1||Pause||	ਉਸ ਦੇ ਪਾਸ (ਇਸ) ਰਸਦ ਦੇ ਭੰਡਾਰ ਭਰੇ ਰਹਿੰਦੇ ਹਨ, (ਇਸ ਰਸਦ ਵਿਚ) ਕਦੇ ਭੀ ਤੋਟ ਨਹੀਂ ਆਉਂਦੀ ॥੧॥ ਰਹਾਉ ॥
34868	816	ਸਾਧਸੰਗਿ ਆਰਾਧਨਾ ਹਰਿ ਨਿਧਿ ਆਪਾਰ॥		Saadhhasang Aaraadhhanaa Har Nidhh Aapaar ||	In the Saadh Sangat, the Company of the Holy, I worship and adore the Lord, the infinite treasure.	(ਇਸੇ ਵਾਸਤੇ, ਹੇ ਭਾਈ!) ਗੁਰੂ ਦੀ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ, ਇਹ ਇਕ ਐਸਾ ਖ਼ਜ਼ਾਨਾ ਹੈ ਜੋ ਕਦੇ ਨਹੀਂ ਮੁੱਕਦਾ।
34869	816	ਧਰਮ ਅਰਥ ਅਰੁ ਕਾਮ ਮੋਖ ਦੇਤੇ ਨਹੀ ਬਾਰ॥੨॥		Dhharam Arathh Ar Kaam Mokh Dhaethae Nehee Baar ||2||	He does not hesitate to bless me with Dharmic faith, wealth, sexual success and liberation. ||2||	(ਦੁਨੀਆ ਵਿਚ) ਧਰਮ, ਅਰਥ, ਕਾਮ, ਮੋਖ (ਇਹ ਚਾਰ ਹੀ ਪ੍ਰਸਿੱਧ ਅਮੋਲਕ ਪਦਾਰਥ ਮੰਨੇ ਗਏ ਹਨ। ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ, ਪਰਮਾਤਮਾ ਉਸ ਨੂੰ ਇਹ ਪਦਾਰਥ) ਦੇਂਦਿਆਂ ਚਿਰ ਨਹੀਂ ਲਾਂਦਾ ॥੨॥

34870	816	ਭਗਤ ਅਰਾਧਹਿ ਏਕ ਰੰਗਿ ਗੋਬਿੰਦ ਗੁਪਾਲ॥		Bhagath Araadhhehi Eaek Rang Gobindh Gupaal ||	The devotees worship and adore the Lord of the Universe with single-minded love.	ਹੇ ਭਾਈ! ਗੋਬਿੰਦ ਗੁਪਾਲ ਦੇ ਭਗਤ ਇਕ-ਰਸ ਪ੍ਰੇਮ-ਰੰਗ ਵਿਚ ਟਿਕ ਕੇ ਉਸ ਦਾ ਨਾਮ ਸਿਮਰਦੇ ਹਨ।
34871	816	ਰਾਮ ਨਾਮ ਧਨੁ ਸੰਚਿਆ ਜਾ ਕਾ ਨਹੀ ਸੁਮਾਰੁ॥੩॥		Raam Naam Dhhan Sanchiaa Jaa Kaa Nehee Sumaar ||3||	They gather in the wealth of the Lord's Name, which cannot be estimated. ||3||	ਉਹ ਮਨੁੱਖ ਪਰਮਾਤਮਾ ਦੇ ਨਾਮ ਦਾ ਧਨ (ਇਤਨਾ) ਇਕੱਠਾ ਕਰਦੇ ਰਹਿੰਦੇ ਹਨ ਕਿ ਉਸ ਦਾ ਅੰਦਾਜ਼ਾ ਨਹੀਂ ਲੱਗ ਸਕਦਾ ॥੩॥
34872	816	ਸਰਨਿ ਪਰੇ ਪ੍ਰਭ ਤੇਰੀਆ ਪ੍ਰਭ ਕੀ ਵਡਿਆਈ॥		Saran Parae Prabh Thaereeaa Prabh Kee Vaddiaaee ||	O God, I seek Your Sanctuary, the glorious greatness of God. Nanak:	ਹੇ ਪ੍ਰਭੂ! (ਤੇਰੇ ਭਗਤ ਤੇਰੀ ਕਿਰਪਾ ਨਾਲ) ਤੇਰੀ ਸਰਨ ਪਏ ਰਹਿੰਦੇ ਹਨ। (ਹੇ ਭਾਈ! ਪ੍ਰਭੂ ਦੇ ਭਗਤ) ਪ੍ਰਭੂ ਦੀ ਸਿਫ਼ਤਿ-ਸਾਲਾਹ ਹੀ ਕਰਦੇ ਰਹਿੰਦੇ ਹਨ।
34873	816	ਨਾਨਕ ਅੰਤੁ ਨ ਪਾਈਐ ਬੇਅੰਤ ਗੁਸਾਈ ॥੪॥੩੨॥੬੨॥	ਗੁਸਾਂਈਂ	Naanak Anth N Paaeeai Baeanth Gusaaee ||4||32||62||	Your end or limitation cannot be found, O Infinite World-Lord. ||4||32||62||	ਹੇ ਨਾਨਕ! ਜਗਤ ਦੇ ਖਸਮ ਪ੍ਰਭੂ ਦੇ ਗੁਣ ਬੇਅੰਤ ਹਨ, ਉਹਨਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ ॥੪॥੩੨॥੬੨॥
34874	816	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

34875	816	ਸਿਮਰਿ ਸਿਮਰਿ ਪੂਰਨ ਪ੍ਰਭੂ ਕਾਰਜ ਭਏ ਰਾਸਿ॥		Simar Simar Pooran Prabhoo Kaaraj Bheae Raas ||	Meditate, meditate in remembrance of the Perfect Lord God, and your affairs shall be perfectly resolved.	ਹੇ ਭਾਈ! (ਸਾਧ ਸੰਗਤਿ ਵਿਚ) ਸਾਰੇ ਗੁਣਾਂ ਨਾਲ ਭਰਪੂਰ ਪ੍ਰਭੂ (ਦਾ ਨਾਮ) ਸਿਮਰ ਸਿਮਰ ਕੇ (ਮਨੁੱਖ ਦੇ) ਸਾਰੇ ਕੰਮ ਸਫਲ ਹੋ ਜਾਂਦੇ ਹਨ।
34876	816	ਕਰਤਾਰਪੁਰਿ ਕਰਤਾ ਵਸੈ ਸੰਤਨ ਕੈ ਪਾਸਿ॥੧॥ਰਹਾਉ॥		Karathaar Pur Karathaa Vasai Santhan Kai Paas ||1|| Rehaao ||	In Kartaarpur, the City of the Creator Lord, the Saints dwell with the Creator. ||1||Pause||	ਸਾਧ ਸੰਗਤਿ ਵਿਚ ਪਰਮਾਤਮਾ (ਆਪ) ਵੱਸਦਾ ਹੈ, ਆਪਣੇ ਸੰਤ ਜਨਾਂ ਦੇ ਅੰਗ-ਸੰਗ ਵੱਸਦਾ ਹੈ ॥੧॥ ਰਹਾਉ ॥
34877	816	ਬਿਘਨੁ ਨ ਕੋਊ ਲਾਗਤਾ ਗੁਰ ਪਹਿ ਅਰਦਾਸਿ॥		Bighan N Kooo Laagathaa Gur Pehi Aradhaas ||	No obstacles will block your way, when you offer your prayers to the Guru.	(ਜੇਹੜੇ ਭੀ ਮਨੁੱਖ ਸਾਧ ਸੰਗਤਿ ਵਿਚ ਆ ਕੇ) ਗੁਰੂ ਦੇ ਦਰ ਤੇ ਅਰਦਾਸ ਕਰਦੇ ਰਹਿੰਦੇ ਹਨ, (ਉਹਨਾਂ ਦੀ ਜ਼ਿੰਦਗੀ ਦੇ ਰਸਤੇ ਵਿਚ) ਕੋਈ ਰੁਕਾਵਟ ਨਹੀਂ ਪੈਂਦੀ।
34878	816	ਰਖਵਾਲਾ ਗੋਬਿੰਦ ਰਾਇ ਭਗਤਨ ਕੀ ਰਾਸਿ॥੧॥		Rakhavaalaa Gobindh Raae Bhagathan Kee Raas ||1||	The Sovereign Lord of the Universe is the Saving Grace, the Protector of the capital of His devotees. ||1||	ਹੇ ਭਾਈ! ਪ੍ਰਭੂ ਪਾਤਿਸ਼ਾਹ ਆਪਣੇ ਸੰਤ ਜਨਾਂ ਦਾ (ਸਦਾ) ਆਪ ਰਾਖਾ ਹੈ, ਪ੍ਰਭੂ (ਦਾ ਨਾਮ) ਸੰਤ ਜਨਾਂ ਦਾ ਸਰਮਾਇਆ ਹੈ ॥੧॥

34879	817	ਤੋਟਿ ਨ ਆਵੈ ਕਦੇ ਮੂਲਿ ਪੂਰਨ ਭੰਡਾਰ॥		Thott N Aavai Kadhae Mool Pooran Bhanddaar ||	There is never any deficiency at all; the Lord's treasures are over-flowing.	(ਹੇ ਭਾਈ! ਸਾਧ ਸੰਗਤਿ ਇਕ ਐਸਾ ਅਸਥਾਨ ਹੈ ਜਿਥੇ ਬਖ਼ਸ਼ਸ਼ਾਂ ਦੇ) ਭੰਡਾਰੇ ਭਰੇ ਰਹਿੰਦੇ ਹਨ, (ਉਥੇ ਇਹਨਾਂ ਬਖ਼ਸ਼ਸ਼ਾਂ ਦੀ) ਕਦੇ ਭੀ ਤੋਟ ਨਹੀਂ ਆਉਂਦੀ।
34880	817	ਚਰਨਕਮਲ ਮਨਿ ਤਨਿ ਬਸੇ ਪ੍ਰਭ ਅਗਮ ਅਪਾਰ॥੨॥		Charan Kamal Man Than Basae Prabh Agam Apaar ||2||	His Lotus Feet are enshrined within my mind and body; God is inaccessible and infinite. ||2||	(ਜੇਹੜਾ ਭੀ ਮਨੁੱਖ ਸਾਧ ਸੰਗਤਿ ਵਿਚ ਨਿਵਾਸ ਰੱਖਦਾ ਹੈ, ਉਸ ਦੇ) ਮਨ ਵਿਚ (ਉਸ ਦੇ) ਹਿਰਦੇ ਵਿਚ ਅਪਹੁੰਚ ਤੇ ਬੇਅੰਤ ਪ੍ਰਭੂ ਦੇ ਸੋਹਣੇ ਚਰਣ ਟਿਕੇ ਰਹਿੰਦੇ ਹਨ ॥੨॥
34881	817	ਬਸਤ ਕਮਾਵਤ ਸਭਿ ਸੁਖੀ ਕਿਛੁ ਊਨ ਨ ਦੀਸੈ॥		Basath Kamaavath Sabh Sukhee Kishh Oon N Dheesai ||	All those who work for Him dwell in peace; you can see that they lack nothing.	(ਹੇ ਭਾਈ! ਜੇਹੜੇ ਭੀ ਮਨੁੱਖ ਸਾਧ ਸੰਗਤਿ ਵਿਚ) ਨਿਵਾਸ ਰੱਖਦੇ ਹਨ ਅਤੇ ਨਾਮ-ਸਿਮਰਨ ਦੀ ਕਮਾਈ ਕਰਦੇ ਹਨ, ਉਹ ਸਾਰੇ ਸੁਖੀ ਰਹਿੰਦੇ ਹਨ, ਉਹਨਾਂ ਨੂੰ ਕਿਸੇ ਗੱਲੇ ਕੋਈ ਥੁੜ ਨਹੀਂ ਦਿੱਸਦੀ।
34882	817	ਸੰਤ ਪ੍ਰਸਾਦਿ ਭੇਟੇ ਪ੍ਰਭੂ ਪੂਰਨ ਜਗਦੀਸੈ॥੩॥	ਜੱਗਦੀਸੈ	Santh Prasaadh Bhaettae Prabhoo Pooran Jagadheesai ||3||	By the Grace of the Saints, I have met God, the Perfect Lord of the Universe. ||3||	ਗੁਰੂ ਦੀ ਕਿਰਪਾ ਨਾਲ ਉਹਨਾਂ ਨੂੰ ਜਗਤ ਦੇ ਮਾਲਕ ਪੂਰਨ ਪ੍ਰਭੂ ਜੀ ਮਿਲ ਪੈਂਦੇ ਹਨ ॥੩॥

34883	817	ਜੈ ਜੈਕਾਰੁ ਸਭੈ ਕਰਹਿ ਸਚੁ ਥਾਨੁ ਸੁਹਾਇਆ॥		Jai Jai Kaar Sabhai Karehi Sach Thhaan Suhaaeiaa ||	Everyone congratulates me, and celebrates my victory; the home of the True Lord is so beautiful!	(ਹੇ ਭਾਈ! ਜੇਹੜੇ ਮਨੁੱਖ ਸਾਧ ਸੰਗਤਿ ਵਿਚ ਟਿਕਦੇ ਹਨ) ਸਾਰੇ ਲੋਕ (ਉਹਨਾਂ ਦੀ) ਸੋਭਾ-ਵਡਿਆਈ ਕਰਦੇ ਹਨ। ਸਾਧ ਸੰਗਤਿ ਇਕ ਐਸਾ ਸੋਹਣਾ ਥਾਂ ਹੈ ਜੋ ਸਦਾ ਕਾਇਮ ਰਹਿਣ ਵਾਲਾ ਹੈ।
34884	817	ਜਪਿ ਨਾਨਕ ਨਾਮੁ ਨਿਧਾਨ ਸੁਖ ਪੂਰਾ ਗੁਰੁ ਪਾਇਆ॥੪॥੩੩॥੬੩॥		Jap Naanak Naam Nidhhaan Sukh Pooraa Gur Paaeiaa ||4||33||63||	Nanak chants the Naam, the Name of the Lord, the treasure of peace; I have found the Perfect Guru. ||4||33||63||	ਹੇ ਨਾਨਕ! (ਸਾਧ ਸੰਗਤਿ ਦੀ ਬਰਕਤਿ ਨਾਲ) ਸਾਰੇ ਸੁਖਾਂ ਦੇ ਖ਼ਜ਼ਾਨੇ ਹਰਿ-ਨਾਮ ਨੂੰ ਜਪ ਕੇ ਪੂਰੇ ਗੁਰੂ ਦਾ (ਸਦਾ ਲਈ) ਮਿਲਾਪ ਪ੍ਰਾਪਤ ਕਰ ਲਈਦਾ ਹੈ ॥੪॥੩੩॥੬੩॥
34885	817	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34886	817	ਹਰਿ ਹਰਿ ਹਰਿ ਆਰਾਧੀਐ ਹੋਈਐ ਆਰੋਗ॥		Har Har Har Aaraadhheeai Hoeeai Aarog ||	Worship and adore the Lord, Har, Har, Har, and you shall be free of disease.	ਹੇ ਭਾਈ! ਸਦਾ ਹੀ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ, (ਸਿਮਰਨ ਦੀ ਬਰਕਤਿ ਨਾਲ ਵਿਕਾਰ ਆਦਿਕ) ਰੋਗਾਂ ਤੋਂ ਰਹਿਤ ਹੋ ਜਾਈਦਾ ਹੈ।

34887	817	ਰਾਮਚੰਦ ਕੀ ਲਸਟਿਕਾ ਜਿਨਿ ਮਾਰਿਆ ਰੋਗੁ॥੧॥ਰਹਾਉ॥	ਪ੍ਰੇਮਾ-ਭਗਤੀ ਰੂਪੀਲਸ-ਟਿਕਾਲਾਠੀ	Raamachandh Kee Lasattikaa Jin Maariaa Rog ||1|| Rehaao ||	This is the Lord's healing rod, which eradicates all disease. ||1||Pause||	ਇਹ ਸਿਮਰਨ ਹੀ ਸ੍ਰੀ ਰਾਮਚੰਦ੍ਰ ਜੀ ਦੀ ਸੋਟੀ ਹੈ (ਜਿਸ ਸੋਟੀ ਦੇ ਡਰ ਕਰਕੇ ਕੋਈ ਦੁਸ਼ਟ ਸਿਰ ਨਹੀਂ ਚੁੱਕ ਸਕਦਾ ਸੀ)। ਇਸ (ਸਿਮਰਨ) ਨੇ (ਹਰੇਕ ਸਿਮਰਨ ਕਰਨ ਵਾਲੇ ਦੇ ਅੰਦਰੋਂ ਹਰੇਕ) ਰੋਗ ਦੂਰ ਕਰ ਦਿੱਤਾ ਹੈ ॥੧॥ ਰਹਾਉ ॥
34888	817	ਗੁਰੁ ਪੂਰਾ ਹਰਿ ਜਾਪੀਐ ਨਿਤ ਕੀਚੈ ਭੋਗੁ॥		Gur Pooraa Har Jaapeeai Nith Keechai Bhog ||	Meditating on the Lord, through the Perfect Guru, he constantly enjoys pleasure.	ਹੇ ਭਾਈ! ਪੂਰੇ ਗੁਰੂ ਦੀ ਸਰਨ ਪੈਣਾ ਚਾਹੀਦਾ ਹੈ ਅਤੇ ਪ੍ਰਭੂ ਦਾ ਨਾਮ ਜਪਣਾ ਚਾਹੀਦਾ ਹੈ। (ਇਸ ਤਰ੍ਹਾਂ) ਸਦਾ ਆਤਮਕ ਆਨੰਦ ਮਾਣ ਸਕੀਦਾ ਹੈ।
34889	817	ਸਾਧਸੰਗਤਿ ਕੈ ਵਾਰਣੈ ਮਿਲਿਆ ਸੰਜੋਗੁ॥੧॥		Saadhhasangath Kai Vaaranai Miliaa Sanjog ||1||	I am devoted to the Saadh Sangat, the Company of the Holy; I have been united with my Lord. ||1||	ਗੁਰੂ ਦੀ ਸੰਗਤਿ ਤੋਂ ਕੁਰਬਾਨ ਜਾਣਾ ਚਾਹੀਦਾ ਹੈ (ਸਾਧ ਸੰਗਤਿ ਦੀ ਕਿਰਪਾ ਨਾਲ) ਪਰਮਾਤਮਾ ਦੇ ਮਿਲਾਪ ਦਾ ਅਵਸਰ ਬਣਦਾ ਹੈ ॥੧॥
34890	817	ਜਿਸੁ ਸਿਮਰਤ ਸੁਖੁ ਪਾਈਐ ਬਿਨਸੈ ਬਿਓਗੁ॥		Jis Simarath Sukh Paaeeai Binasai Bioug ||	Contemplating Him, peace is obtained, and separation is ended.	ਜਿਸ ਦਾ ਸਿਮਰਨ ਕੀਤਿਆਂ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ਅਤੇ ਪ੍ਰਭੂ ਨਾਲੋਂ ਵਿਛੋੜਾ ਦੂਰ ਹੋ ਜਾਂਦਾ ਹੈ।

34891	817	ਨਾਨਕ ਪ੍ਰਭ ਸਰਣਾਗਤੀ ਕਰਣ ਕਾਰਣ ਜੋਗੁ॥੨॥੩੪॥੬੪॥	ਸਰ-ਣਾਗਤੀ	Naanak Prabh Saranaagathee Karan Kaaran Jog ||2||34||64||	Nanak seeks the Sanctuary of God, the All-powerful Creator, the Cause of causes. ||2||34||64||	ਹੇ ਨਾਨਕ! ਉਸ ਪ੍ਰਭੂ ਦੀ ਸਰਨ ਪਏ ਰਹਿਣਾ ਚਾਹੀਦਾ ਹੈ, ਜੋ ਜਗਤ ਦੀ ਰਚਨਾ ਕਰਨ ਦੇ ਸਮਰੱਥ ਹੈ ॥੨॥੩੪॥੬੪॥
34892	817	ਰਾਗੁ ਬਿਲਾਵਲੁ ਮਹਲਾ ੫ ਦੁਪਦੇ ਘਰੁ ੫		Raag Bilaaval Mehalaa 5 Dhupadhae Ghar 5	Raag Bilaaval, Fifth Mehl, Du-Padas, Fifth House:	ਰਾਗ ਬਿਲਾਵਲੁ, ਘਰ ੫ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
34893	817	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
34894	817	ਅਵਰਿ ਉਪਾਵ ਸਭਿ ਤਿਆਗਿਆ ਦਾਰੂ ਨਾਮੁ ਲਇਆ॥		Avar Oupaav Sabh Thiaagiaa Dhaaroo Naam Laeiaa ||	I have given up all other efforts, and have taken the medicine of the Naam, the Name of the Lord.	(ਹੇ ਭਾਈ! ਜਿਸ ਮਨੁੱਖ ਨੇ ਸਿਰਫ਼ ਗੁਰੂ ਦਾ ਪੱਲਾ ਫੜਿਆ ਹੈ, ਹੋਰ ਸਾਰੇ ਹੀਲੇ ਛੱਡ ਦਿੱਤੇ ਹਨ ਅਤੇ ਪਰਮਾਤਮਾ ਦਾ ਨਾਮ (ਹੀ) ਦਵਾਈ ਵਰਤੀ ਹੈ,
34895	817	ਤਾਪ ਪਾਪ ਸਭਿ ਮਿਟੇ ਰੋਗ ਸੀਤਲ ਮਨੁ ਭਇਆ॥੧॥	ਭ-ਇਆ	Thaap Paap Sabh Mittae Rog Seethal Man Bhaeiaa ||1||	Fevers, sins and all diseases are eradicated, and my mind is cooled and soothed. ||1||	ਉਸ ਦੇ ਸਾਰੇ ਦੁੱਖ-ਕਲੇਸ਼, ਸਾਰੇ ਪਾਪ, ਸਾਰੇ ਰੋਗ ਮਿਟ ਗਏ ਹਨ; ਉਸ ਦਾ ਮਨ (ਵਿਕਾਰਾਂ ਦੀ ਤਪਸ਼ ਤੋਂ ਬਚ ਕੇ) ਠੰਢਾ-ਠਾਰ ਹੋਇਆ ਹੈ ॥੧॥

34896	817	ਗੁਰੁ ਪੂਰਾ ਆਰਾਧਿਆ ਸਗਲਾ ਦੁਖੁ ਗਇਆ॥	ਗ-ਇਆ	Gur Pooraa Aaraadhhiaa Sagalaa Dhukh Gaeiaa ||	Worshipping the Perfect Guru in adoration, all pains are dispelled.	ਹੇ ਭਾਈ! ਜੇਹੜਾ ਮਨੁੱਖ ਪੂਰੇ ਗੁਰੂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ, ਉਸ ਦਾ ਸਾਰਾ ਦੁੱਖ-ਕਲੇਸ਼ ਦੂਰ ਹੋ ਜਾਂਦਾ ਹੈ,
34897	817	ਰਾਖਨਹਾਰੈ ਰਾਖਿਆ ਅਪਨੀ ਕਰਿ ਮਇਆ॥੧॥ਰਹਾਉ ॥	ਮ-ਇਆ	Raakhanehaarai Raakhiaa Apanee Kar Maeiaa ||1|| Rehaao ||	The Savior Lord has saved me; He has blessed me with His Kind Mercy. ||1||Pause||	(ਕਿਉਂਕਿ) ਰੱਖਿਆ ਕਰਨ ਦੇ ਸਮਰੱਥ ਪਰਮਾਤਮਾ ਨੇ (ਉਸ ਉਤੇ) ਕਿਰਪਾ ਕਰ ਕੇ (ਦੁੱਖਾਂ ਕਲੇਸ਼ਾਂ ਤੋਂ ਸਦਾ) ਉਸ ਦੀ ਰੱਖਿਆ ਕੀਤੀ ਹੈ ॥੧॥ ਰਹਾਉ ॥
34898	817	ਬਾਹ ਪਕੜਿ ਪ੍ਰਭਿ ਕਾਢਿਆ ਕੀਨਾ ਅਪਨਇਆ॥	ਬਾਂਹ। ਅਪ-ਨਇਆ-ਨਿਰ-ਭਇਆ	Baah Pakarr Prabh Kaadtiaa Keenaa Apanaeiaa ||	Grabbing hold of my arm, God has pulled me up and out; He has made me His own.	(ਹੇ ਭਾਈ! ਜਿਸ ਮਨੁੱਖ ਨੇ ਗੁਰੂ ਨੂੰ ਆਪਣੇ ਹਿਰਦੇ ਵਿਚ ਵਸਾਇਆ ਹੈ) ਪ੍ਰਭੂ ਨੇ (ਉਸ ਦੀ) ਬਾਂਹ ਫੜ ਕੇ ਉਸ ਨੂੰ ਆਪਣਾ ਬਣਾ ਲਿਆ ਹੈ।
34899	817	ਸਿਮਰਿ ਸਿਮਰਿ ਮਨ ਤਨ ਸੁਖੀ ਨਾਨਕ ਨਿਰਭਇਆ ॥੨॥੧॥੬੫॥		Simar Simar Man Than Sukhee Naanak Nirabhaeiaa ||2||1||65||	Meditating, meditating in remembrance, my mind and body are at peace; Nanak has become fearless. ||2||1||65||	ਹੇ ਨਾਨਕ! ਪ੍ਰਭੂ ਦਾ ਨਾਮ ਸਿਮਰ ਸਿਮਰ ਕੇ ਉਸ ਦਾ ਮਨ ਉਸ ਦਾ ਹਿਰਦਾ ਆਨੰਦ-ਭਰਪੂਰ ਹੋ ਗਿਆ ਹੈ, ਅਤੇ ਉਸ ਨੂੰ (ਤਾਪ ਪਾਪ ਰੋਗ ਆਦਿਕਾਂ ਦਾ) ਕੋਈ ਡਰ ਨਹੀਂ ਰਹਿ ਜਾਂਦਾ ॥੨॥੧॥੬੫॥
34900	817	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

34901	817	ਕਰੁ ਧਰਿ ਮਸਤਕਿ ਥਾਪਿਆ ਨਾਮੁ ਦੀਨੋ ਦਾਨਿ॥		Kar Dhhar Masathak Thhaapiaa Naam Dheeno Dhaan ||	Placing His Hand upon my forehead, God has given me the gift of His Name.	ਹੇ ਭਾਈ! (ਪ੍ਰਭੂ ਆਪਣੇ ਭਗਤ ਜਨਾਂ ਦੇ) ਮੱਥੇ ਉੱਤੇ (ਆਪਣਾ) ਹੱਥ ਧਰ ਕੇ ਉਹਨਾਂ ਨੂੰ ਥਾਪਣਾ ਦੇਂਦਾ ਹੈ ਅਤੇ ਬਖ਼ਸ਼ਸ਼ ਦੇ ਤੌਰ ਤੇ (ਉਹਨਾਂ ਨੂੰ ਆਪਣਾ) ਨਾਮ ਦੇਂਦਾ ਹੈ।
34902	817	ਸਫਲ ਸੇਵਾ ਪਾਰਬ੍ਰਹਮ ਕੀ ਤਾ ਕੀ ਨਹੀ ਹਾਨਿ॥੧॥		Safal Saevaa Paarabreham Kee Thaa Kee Nehee Haan ||1||	One who performs fruitful service for the Supreme Lord God, never suffers any loss. ||1||	ਹੇ ਭਾਈ! ਪਰਮਾਤਮਾ ਦੀ ਕੀਤੀ ਹੋਈ ਸੇਵਾ-ਭਗਤੀ ਜੀਵਨ-ਮਨੋਰਥ ਪੂਰਾ ਕਰਦੀ ਹੈ, ਇਹ ਕੀਤੀ ਹੋਈ ਸੇਵਾ-ਭਗਤੀ ਵਿਅਰਥ ਨਹੀਂ ਜਾਂਦੀ ॥੧॥
34903	817	ਆਪੇ ਹੀ ਪ੍ਰਭੁ ਰਾਖਤਾ ਭਗਤਨ ਕੀ ਆਨਿ॥		Aapae Hee Prabh Raakhathaa Bhagathan Kee Aan ||	God Himself saves the honor of His devotees.	ਹੇ ਭਾਈ! ਆਪਣੇ ਭਗਤਾਂ ਦੀ ਇੱਜ਼ਤ ਪਰਮਾਤਮਾ ਆਪ ਹੀ ਬਚਾਂਦਾ ਹੈ।
34904	817	ਜੋ ਜੋ ਚਿਤਵਹਿ ਸਾਧ ਜਨ ਸੋ ਲੇਤਾ ਮਾਨਿ॥੧॥ਰਹਾਉ॥		Jo Jo Chithavehi Saadhh Jan So Laethaa Maan ||1|| Rehaao ||	Whatever God's Holy servants wish for, He grants to them. ||1||Pause||	ਪਰਮਾਤਮਾ ਦੇ ਭਗਤ ਜੋ ਕੁਝ ਆਪਣੇ ਮਨ ਵਿਚ ਧਾਰਦੇ ਹਨ, ਪਰਮਾਤਮਾ ਉਹੀ ਕੁਝ ਮੰਨ ਲੈਂਦਾ ਹੈ ॥੧॥ ਰਹਾਉ ॥
34905	817	ਸਰਣਿ ਪਰੇ ਚਰਣਾਰਬਿੰਦ ਜਨ ਪ੍ਰਭ ਕੇ ਪ੍ਰਾਨ॥		Saran Parae Charanaarabindh Jan Prabh Kae Praan ||	God's humble servants seek the Sanctuary of His Lotus Feet; they are God's very breath of life.	ਹੇ ਭਾਈ! ਜੇਹੜੇ ਸੰਤ ਜਨ ਪ੍ਰਭੂ ਦੇ ਸੋਹਣੇ ਚਰਨਾਂ ਦਾ ਆਸਰਾ ਲੈਂਦੇ ਹਨ, ਉਹ ਪ੍ਰਭੂ ਨੂੰ ਜਿੰਦ ਵਰਗੇ ਪਿਆਰੇ ਹੋ ਜਾਂਦੇ ਹਨ।

34906	817	ਸਹਜਿ ਸੁਭਾਇ ਨਾਨਕ ਮਿਲੇ ਜੋਤੀ ਜੋਤਿ ਸਮਾਨ॥੨॥੨॥੬੬॥		Sehaj Subhaae Naanak Milae Jothee Joth Samaan ||2||2||66||	O Nanak, they automatically, intuitively meet God; their light merges into the Light. ||2||2||66||	ਹੇ ਨਾਨਕ! ਉਹ ਸੰਤ ਜਨ ਆਤਮਕ ਅਡੋਲਤਾ ਵਿਚ ਟਿਕ ਕੇ ਪ੍ਰੇਮ ਵਿਚ ਟਿਕ ਕੇ ਪ੍ਰਭੂ ਨਾਲ ਮਿਲ ਜਾਂਦੇ ਹਨ। ਉਹਨਾਂ ਦੀ ਜਿੰਦ ਪ੍ਰਭੂ ਦੀ ਜੋਤਿ ਵਿਚ ਲੀਨ ਹੋ ਜਾਂਦੀ ਹੈ ॥੨॥੨॥੬੬॥
34907	817	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34908	817	ਚਰਣਕਮਲ ਕਾ ਆਸਰਾ ਦੀਨੋ ਪ੍ਰਭਿ ਆਪਿ॥		Charan Kamal Kaa Aasaraa Dheeno Prabh Aap ||	God Himself has given me the Support of His Lotus Feet.	ਹੇ ਭਾਈ! (ਜਿਨ੍ਹਾਂ ਸੇਵਕਾਂ ਨੂੰ ਸਾਧ ਸੰਗਤਿ ਵਿਚ) ਪ੍ਰਭੂ ਨੇ ਆਪ ਆਪਣੇ ਸੋਹਣੇ ਚਰਨਾਂ ਦਾ ਆਸਰਾ ਦਿੱਤਾ ਹੈ,
34909	817	ਪ੍ਰਭ ਸਰਣਾਗਤਿ ਜਨ ਪਰੇ ਤਾ ਕਾ ਸਦ ਪਰਤਾਪੁ॥੧॥	ਸਰ-ਣਾਗਤਿ	Prabh Saranaagath Jan Parae Thaa Kaa Sadh Parathaap ||1||	God's humble servants seek His Sanctuary; they are respected and famous forever. ||1||	ਉਹ ਸੇਵਕ ਉਸ ਦਾ ਸਦਾ ਕਾਇਮ ਰਹਿਣ ਵਾਲਾ ਪਰਤਾਪ ਵੇਖ ਕੇ ਉਸ ਦੀ ਸਰਨ ਪਏ ਰਹਿੰਦੇ ਹਨ ॥੧॥
34910	817	ਰਾਖਨਹਾਰ ਅਪਾਰ ਪ੍ਰਭ ਤਾ ਕੀ ਨਿਰਮਲ ਸੇਵ॥		Raakhanehaar Apaar Prabh Thaa Kee Niramal Saev ||	God is the unparalleled Savior and Protector; service to Him is immaculate and pure.	ਹੇ ਭਾਈ! ਪ੍ਰਭੂ ਬੇਅੰਤ ਅਤੇ ਰੱਖਿਆ ਕਰਨ ਦੇ ਸਮਰੱਥ ਹੈ, (ਸਾਧ ਸੰਗਤਿ ਵਿਚ ਟਿਕ ਕੇ ਕੀਤੀ ਹੋਈ) ਉਸ ਦੀ ਸੇਵਾ-ਭਗਤੀ (ਜੀਵਨ ਨੂੰ) ਪਵਿੱਤਰ (ਬਣਾ ਦੇਂਦੀ ਹੈ)।

34911	817	ਰਾਮ ਰਾਜ ਰਾਮਦਾਸਪੁਰਿ ਕੀਨੇ ਗੁਰਦੇਵ॥੧॥ਰਹਾਉ॥		Raam Raaj Raamadhaas Pur Keenhae Guradhaev ||1|| Rehaao ||	The Divine Guru has built the City of Ramdaspur, the royal domain of the Lord. ||1||Pause||	ਗੁਰੂ ਨੇ ਸਾਧ ਸੰਗਤਿ ਵਿਚ ਰੂਹਾਨੀ ਰਾਜ ਕਾਇਮ ਕਰ ਦਿੱਤਾ ਹੈ ॥੧॥ ਰਹਾਉ ॥
34912	817	ਸਦਾ ਸਦਾ ਹਰਿ ਧਿਆਈਐ ਕਿਛੁ ਬਿਘਨੁ ਨ ਲਾਗੈ॥		Sadhaa Sadhaa Har Dhhiaaeeai Kishh Bighan N Laagai ||	Forever and ever, meditate on the Lord, and no obstacles will obstruct you.	(ਸਾਧ ਸੰਗਤਿ ਵਿਚ ਟਿਕ ਕੇ) ਸਦਾ ਹੀ ਪਰਮਾਤਮਾ ਦਾ ਧਿਆਨ ਧਰਨਾ ਚਾਹੀਦਾ ਹੈ (ਇਸ ਤਰ੍ਹਾਂ ਜੀਵਨ ਦੇ ਰਸਤੇ ਵਿਚ) ਕੋਈ ਰੁਕਾਵਟ ਨਹੀਂ ਪੈਂਦੀ।
34913	817	ਨਾਨਕ ਨਾਮੁ ਸਲਾਹੀਐ ਭਇ ਦੁਸਮਨ ਭਾਗੈ॥੨॥੩॥੬੭॥		Naanak Naam Salaaheeai Bhae Dhusaman Bhaagai ||2||3||67||	O Nanak, praising the Naam, the Name of the Lord, the fear of enemies runs away. ||2||3||67||	ਹੇ ਨਾਨਕ! ਪਰਮਾਤਮਾ ਦੇ ਨਾਮ ਦੀ ਵਡਿਆਈ ਕਰਨੀ ਚਾਹੀਦੀ ਹੈ (ਪ੍ਰਭੂ ਦੇ) ਡਰ ਦੇ ਕਾਰਨ (ਕਾਮਾਦਿਕ) ਸਾਰੇ ਵੈਰੀ ਨੱਸ ਜਾਂਦੇ ਹਨ ॥੨॥੩॥੬੭॥
34914	817	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34915	817	ਮਨਿ ਤਨਿ ਪ੍ਰਭੁ ਆਰਾਧੀਐ ਮਿਲਿ ਸਾਧ ਸਮਾਗੈ॥		Man Than Prabh Aaraadhheeai Mil Saadhh Samaagai ||	Worship and adore God in your mind and body; join the Company of the Holy.	ਹੇ ਭਾਈ! ਸਾਧ ਸੰਗਤਿ ਵਿਚ ਮਿਲ ਕੇ ਮਨ ਨਾਲ ਹਿਰਦੇ ਨਾਲ ਪਰਮਾਤਮਾ ਦਾ ਆਰਾਧਨ ਕਰਦੇ ਰਹਿਣਾ ਚਾਹੀਦਾ ਹੈ।

34916	817	ਉਚਰਤ ਗੁਨ ਗੋਪਾਲ ਜਸੁ ਦੂਰ ਤੇ ਜਮੁ ਭਾਗੈ॥੧॥	ਉੱਚਰਤ	Oucharath Gun Gopaal Jas Dhoor Thae Jam Bhaagai ||1||	Chanting the Glorious Praises of the Lord of the Universe, the Messenger of Death runs far away. ||1||	ਜਗਤ ਦੇ ਰੱਖਿਅਕ ਪ੍ਰਭੂ ਦੇ ਗੁਣ ਅਤੇ ਜਸ ਉਚਾਰਦਿਆਂ ਜਮ (ਭੀ) ਦੂਰ ਤੋਂ ਹੀ ਭੱਜ ਜਾਂਦਾ ਹੈ ॥੧॥
34917	817	ਰਾਮ ਨਾਮੁ ਜੋ ਜਨੁ ਜਪੈ ਅਨ ਦਿਨੁ ਸਦ ਜਾਗੈ॥		Raam Naam Jo Jan Japai Anadhin Sadh Jaagai ||	That humble being who chants the Lord's Name, remains always awake and aware, night and day.	ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ, ਉਹ ਹਰ ਵੇਲੇ ਸਦਾ (ਵਿਕਾਰਾਂ ਵਲੋਂ) ਸੁਚੇਤ ਰਹਿੰਦਾ ਹੈ।
34918	818	ਤੰਤੁ ਮੰਤੁ ਨਹ ਜੋਹਈ ਤਿਤੁ ਚਾਖੁ ਨ ਲਾਗੈ॥੧॥ਰਹਾਉ॥	ਚਾਖੁ ਨਜ਼ਰ	Thanth Manth Neh Johee Thith Chaakh N Laagai ||1|| Rehaao ||	He is not affected by charms and spells, nor is he harmed by the evil eye. ||1||Pause||	ਕੋਈ ਜਾਦੂ ਟੂਣਾ ਉਸ ਉਤੇ ਅਸਰ ਨਹੀਂ ਕਰ ਸਕਦਾ, ਕੋਈ ਭੈੜੀ ਨਜ਼ਰ ਉਸ ਨੂੰ ਨਹੀਂ ਲੱਗ ਸਕਦੀ ॥੧॥ ਰਹਾਉ ॥
34919	818	ਕਾਮ ਕ੍ਰੋਧ ਮਦ ਮਾਨ ਮੋਹ ਬਿਨਸੇ ਅਨਰਾਗੈ॥		Kaam Krodhh Madh Maan Moh Binasae Anaraagai ||	Sexual desire, anger, the intoxication of egotism and emotional attachment are dispelled, by loving devotion.	(ਉਸ ਮਨੁੱਖ ਦੇ ਅੰਦਰੋਂ) ਕਾਮ, ਕ੍ਰੋਧ, ਅਹੰਕਾਰ ਦੀ ਮਸਤੀ, ਮੋਹ, ਹੋਰ ਹੋਰ ਪਦਾਰਥਾਂ ਦੇ ਚਸਕੇ ਸਭ ਨਾਸ ਹੋ ਜਾਂਦੇ ਹਨ।

34920	818	ਆਨੰਦ ਮਗਨ ਰਸਿ ਰਾਮ ਰੰਗਿ ਨਾਨਕ ਸਰਨਾਗੈ॥੨॥੪॥੬੮॥		Aanandh Magan Ras Raam Rang Naanak Saranaagai ||2||4||68||	One who enters the Lord's Sanctuary, O Nanak, remains merged in ecstasy in the subtle essence of the Lord's Love. ||2||4||68||	ਹੇ ਨਾਨਕ! ਜੇਹੜਾ ਮਨੁੱਖ ਪਰਮਾਤਮਾ ਦੇ ਨਾਮ ਦੇ ਰਸ ਵਿਚ ਟਿਕਿਆ ਰਹਿੰਦਾ ਹੈ, ਪ੍ਰਭੂ ਦੇ ਪ੍ਰੇਮ ਵਿਚ ਮਸਤ ਰਹਿੰਦਾ ਹੈ, ਪ੍ਰਭੂ ਦੀ ਸਰਨ ਪਿਆ ਰਹਿੰਦਾ ਹੈ, ਉਹ ਸਦਾ ਆਤਮਕ ਆਨੰਦ ਵਿਚ ਮਸਤ ਰਹਿੰਦਾ ਹੈ ॥੨॥੪॥੬੮॥
34921	818	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34922	818	ਜੀਅ ਜੁਗਤਿ ਵਸਿ ਪ੍ਰਭੂ ਕੈ ਜੋ ਕਹੈ ਸੁ ਕਰਨਾ॥	ਵੱਸਿ	Jeea Jugath Vas Prabhoo Kai Jo Kehai S Karanaa ||	The living creatures and their ways are in God's power. Whatever He says, they do.	ਹੇ ਭਾਈ! ਅਸਾਂ ਜੀਵਾਂ ਦੀ ਜੀਵਨ-ਜੁਗਤਿ ਪਰਮਾਤਮਾ ਦੇ ਵੱਸ ਵਿਚ ਹੈ, ਜੋ ਕੁਝ ਕਰਨ ਵਾਸਤੇ ਉਹ ਸਾਨੂੰ ਪ੍ਰੇਰਨਾ ਕਰਦਾ ਹੈ ਉਹੀ ਅਸੀਂ ਕਰ ਸਕਦੇ ਹਾਂ।
34923	818	ਭਏ ਪ੍ਰਸੰਨ ਗੋਪਾਲ ਰਾਇ ਭਉ ਕਿਛੁ ਨਹੀ ਕਰਨਾ॥੧॥		Bheae Prasann Gopaal Raae Bho Kishh Nehee Karanaa ||1||	When the Sovereign Lord of the Universe is pleased, there is nothing at all to fear. ||1||	ਜਿਸ ਮਨੁੱਖ ਉਤੇ ਜਗਤ-ਪਾਲ ਪਾਤਿਸ਼ਾਹ ਦਇਆਵਾਨ ਹੁੰਦਾ ਹੈ, ਉਸ ਨੂੰ ਕੋਈ ਡਰ ਕਰਨ ਦੀ ਲੋੜ ਨਹੀਂ ਰਹਿੰਦੀ ॥੧॥
34924	818	ਦੂਖੁ ਨ ਲਾਗੈ ਕਦੇ ਤੁਧੁ ਪਾਰਬ੍ਰਹਮੁ ਚਿਤਾਰੇ॥		Dhookh N Laagai Kadhae Thudhh Paarabreham Chithaarae ||	Pain shall never afflict you, if you remember the Supreme Lord God.	ਹੇ ਪਿਆਰੇ ਗੁਰਸਿੱਖ! ਪਰਮਾਤਮਾ ਨੂੰ ਆਪਣੇ ਚਿੱਤ ਵਿਚ ਵਸਾਈ ਰੱਖ, ਤੈਨੂੰ ਕਦੇ ਭੀ ਕੋਈ ਦੁੱਖ ਪੋਹ ਨਹੀਂ ਸਕੇਗਾ,

34925	818	ਜਮਕੰਕਰੁ ਨੇੜਿ ਨ ਆਵਈ ਗੁਰਸਿਖ ਪਿਆਰੇ ॥੧॥ਰਹਾਉ॥		Jamakankar Naerr N Aavee Gurasikh Piaarae ||1|| Rehaao ||	The Messenger of Death does not even approach the beloved Sikhs of the Guru. ||1||Pause||	(ਦੁੱਖ ਤਾਂ ਕਿਤੇ ਰਹੇ) ਜਮਦੂਤ (ਭੀ) ਤੇਰੇ ਨੇੜੇ ਨਹੀਂ ਆਵੇਗਾ ॥੧॥ ਰਹਾਉ ॥
34926	818	ਕਰਣ ਕਾਰਣ ਸਮਰਥੁ ਹੈ ਤਿਸੁ ਬਿਨੁ ਨਹੀ ਹੋਰੁ॥		Karan Kaaran Samarathh Hai This Bin Nehee Hor ||	The All-powerful Lord is the Cause of causes; there is no other than Him.	ਪ੍ਰਭੂ ਹੀ ਜਗਤ ਦੀ ਰਚਨਾ ਕਰਨ ਦੀ ਤਾਕਤ ਵਾਲਾ ਹੈ, ਉਸ ਤੋਂ ਬਿਨਾ ਕੋਈ ਹੋਰ (ਇਹੋ ਜਿਹੀ ਸਮਰਥਾ ਵਾਲਾ) ਨਹੀਂ ਹੈ।
34927	818	ਨਾਨਕ ਪ੍ਰਭ ਸਰਣਾਗਤੀ ਸਾਚਾ ਮਨਿ ਜੋਰੁ॥੨॥੫॥੬੯॥	ਸਰਣਾ-ਗਤੀ	Naanak Prabh Saranaagathee Saachaa Man Jor ||2||5||69||	Nanak has entered the Sanctuary of God; the True Lord has given strength to the mind. ||2||5||69||	ਹੇ ਨਾਨਕ! ਅਸੀਂ ਜੀਵ ਉਸ ਪ੍ਰਭੂ ਦੀ ਸਰਨ ਵਿਚ ਹੀ ਰਹਿ ਸਕਦੇ ਹਾਂ, (ਸਾਡੇ) ਮਨ ਵਿਚ ਉਸੇ ਦਾ ਹੀ ਸਦਾ ਕਾਇਮ ਰਹਿਣ ਵਾਲਾ ਆਸਰਾ ਹੈ ॥੨॥੫॥੬੯॥
34928	818	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34929	818	ਸਿਮਰਿ ਸਿਮਰਿ ਪ੍ਰਭੁ ਆਪਨਾ ਨਾਠਾ ਦੁਖ ਠਾਉ॥		Simar Simar Prabh Aapanaa Naathaa Dhukh Thaao ||	Remembering, remembering my God in meditation, the house of pain is removed.	ਹੇ ਭਾਈ! ਗੁਰੂ ਦੀ ਸੰਗਤਿ ਵਿਚ ਮਿਲ ਕੇ ਮੈਂ ਪ੍ਰਭੂ ਦੇ ਚਰਨਾਂ ਵਿਚ ਨਿਵਾਸ ਪ੍ਰਾਪਤ ਕਰ ਲਿਆ ਹੈ (ਇਸ ਵਾਸਤੇ) ਉਸ (ਸਾਧ ਸੰਗਤਿ) ਤੋਂ ਕਦੇ ਪਰੇ ਨਹੀਂ ਭੱਜਦਾ।

34930	818	ਬਿਸ੍ਰਾਮ ਪਾਏ ਮਿਲਿ ਸਾਧਸੰਗਿ ਤਾ ਤੇ ਬਹੁੜਿ ਨ ਧਾਉ॥੧॥		Bisraam Paaeae Mil Saadhhasang Thaa Thae Bahurr N Dhhaao ||1||	Joining the Saadh Sangat, the Company of the Holy, I have found peace and tranquility; I shall not wander away from there again. ||1||	(ਗੁਰੂ ਦੀ ਸੰਗਤਿ ਦੀ ਬਰਕਤਿ ਨਾਲ) ਮੈਂ ਆਪਣੇ ਪ੍ਰਭੂ ਦਾ ਹਰ ਵੇਲੇ ਸਿਮਰਨ ਕਰ ਕੇ (ਅਜੇਹੀ ਅਵਸਥਾ ਤੇ ਪਹੁੰਚ ਗਿਆ ਹਾਂ ਕਿ ਮੇਰੇ ਅੰਦਰੋਂ) ਦੁੱਖਾਂ ਦਾ ਟਿਕਾਣਾ ਹੀ ਦੂਰ ਹੋ ਗਿਆ ਹੈ ॥੧॥
34931	818	ਬਲਿਹਾਰੀ ਗੁਰ ਆਪਨੇ ਚਰਨਨ੍ ਬਲਿ ਜਾਉ॥		Balihaaree Gur Aapanae Charananh Bal Jaao ||	I am devoted to my Guru; I am a sacrifice to His Feet.	ਹੇ ਭਾਈ! ਮੈਂ ਆਪਣੇ ਗੁਰੂ ਤੋਂ ਕੁਰਬਾਨ ਜਾਂਦਾ ਹਾਂ, ਮੈਂ (ਆਪਣੇ ਗੁਰੂ ਦੇ) ਚਰਨਾਂ ਤੋਂ ਸਦਕੇ ਜਾਂਦਾ ਹਾਂ।
34932	818	ਅਨਦ ਸੂਖ ਮੰਗਲ ਬਨੇ ਪੇਖਤ ਗੁਨ ਗਾਉ॥੧॥ਰਹਾਉ॥		Anadh Sookh Mangal Banae Paekhath Gun Gaao ||1|| Rehaao ||	I am blessed with ecstasy, peace and happiness, gazing upon the Guru, and singing the Lord's Glorious Praises. ||1||Pause||	ਗੁਰੂ ਦਾ ਦਰਸਨ ਕਰ ਕੇ ਮੈਂ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਹਾਂ, ਤੇ ਮੇਰੇ ਅੰਦਰ ਸਾਰੇ ਆਨੰਦ, ਸਾਰੇ ਸੁਖ ਸਾਰੇ ਚਾਉ-ਹੁਲਾਰੇ ਬਣੇ ਰਹਿੰਦੇ ਹਨ ॥੧॥ ਰਹਾਉ ॥
34933	818	ਕਥਾ ਕੀਰਤਨੁ ਰਾਗ ਨਾਦ ਧੁਨਿ ਇਹੁ ਬਨਿਓ ਸੁਆਉ॥		Kathhaa Keerathan Raag Naadh Dhhun Eihu Baniou Suaao ||	This is my life's purpose, to sing the Kirtan of the Lord's Praises, and listen to the vibrations of the sound current of the Naad.	(ਹੇ ਭਾਈ! ਗੁਰੂ ਦੀ ਕਿਰਪਾ ਨਾਲ) ਪ੍ਰਭੂ ਦੀਆਂ ਕਥਾ-ਕਹਾਣੀਆਂ, ਕੀਰਤਨ, ਸਿਫ਼ਤਿ-ਸਾਲਾਹ ਦੀ ਲਗਨ-ਇਹੀ ਮੇਰੀ ਜ਼ਿੰਦਗੀ ਦਾ ਨਿਸ਼ਾਨਾ ਬਣ ਗਏ ਹਨ।

34934	818	ਨਾਨਕ ਪ੍ਰਭ ਸੁਪ੍ਰਸੰਨ ਭਏ ਬਾਂਛਤ ਫਲ ਪਾਉ॥੨॥੬॥੭੦॥	ਸੁਪ੍ਰਸੰਨ	Naanak Prabh Suprasann Bheae Baanshhath Fal Paao ||2||6||70||	O Nanak, God is totally pleased with me; I have obtained the fruits of my desires. ||2||6||70||	ਹੇ ਨਾਨਕ! (ਆਖ-) ਗੁਰੂ ਦੀ ਮੇਹਰ ਨਾਲ) ਪ੍ਰਭੂ ਜੀ (ਮੇਰੇ ਉਤੇ) ਬਹੁਤ ਖ਼ੁਸ਼ ਹੋ ਗਏ ਹਨ, ਮੈਂ ਹੁਣ ਮਨ-ਮੰਗਿਆ ਫਲ ਪ੍ਰਾਪਤ ਕਰ ਰਿਹਾ ਹਾਂ ॥੨॥੬॥੭੦॥
34935	818	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34936	818	ਦਾਸ ਤੇਰੇ ਕੀ ਬੇਨਤੀ ਰਿਦ ਕਰਿ ਪਰਗਾਸੁ ॥		Dhaas Thaerae Kee Baenathee Ridh Kar Paragaas ||	This is the prayer of Your slave: please enlighten my heart.	(ਹੇ ਪ੍ਰਭੂ!) ਤੇਰੇ ਦਾਸ ਦੀ (ਤੇਰੇ ਦਰ ਤੇ) ਅਰਜ਼ੋਈ ਹੈ ਕਿ ਮੇਰੇ ਹਿਰਦੇ ਵਿਚ (ਆਤਮਕ ਜੀਵਨ ਦਾ) ਚਾਨਣ ਕਰ
34937	818	ਤੁਮ੍ਰੀ ਕ੍ਰਿਪਾ ਤੇ ਪਾਰਬ੍ਰਹਮ ਦੋਖਨ ਕੋ ਨਾਸੁ॥੧॥		Thumharee Kirapaa Thae Paarabreham Dhokhan Ko Naas ||1||	By Your Mercy, O Supreme Lord God, please erase my sins. ||1||	(ਤਾਂ ਕਿ) ਹੇ ਪਾਰਬ੍ਰਹਮ! ਤੇਰੀ ਕਿਰਪਾ ਨਾਲ (ਮੇਰੇ ਅੰਦਰੋਂ) ਵਿਕਾਰਾਂ ਦਾ ਨਾਸ ਹੋ ਜਾਏ ॥੧॥
34938	818	ਚਰਨਕਮਲ ਕਾ ਆਸਰਾ ਪ੍ਰਭ ਪੁਰਖ ਗੁਣਤਾਸੁ॥		Charan Kamal Kaa Aasaraa Prabh Purakh Gunathaas ||	I take the Support of Your Lotus Feet, O God, Primal Lord, treasure of virtue.	ਹੇ ਸਰਬ-ਵਿਆਪਕ ਪ੍ਰਭੂ! ਤੂੰ (ਹੀ) ਸਾਰੇ ਗੁਣਾਂ ਦਾ ਖ਼ਜ਼ਾਨਾ ਹੈਂ। ਮੈਨੂੰ (ਤੇਰੇ) ਹੀ ਸੋਹਣੇ ਚਰਣਾਂ ਦਾ ਆਸਰਾ ਹੈ।

34939	818	ਕੀਰਤਨ ਨਾਮੁ ਸਿਮਰਤ ਰਹਉ ਜਬ ਲਗੁ ਘਟਿ ਸਾਸੁ॥੧॥ਰਹਾਉ॥		Keerathan Naam Simarath Reho Jab Lag Ghatt Saas ||1|| Rehaao ||	I shall meditate in remembrance on the Praises of the Naam, the Name of the Lord, as long as there is breath in my body. ||1||Pause||	(ਮੇਰੇ ਉਤੇ ਮੇਹਰ ਕਰ) ਜਦ ਤਕ (ਮੇਰੇ) ਸਰੀਰ ਵਿਚ ਸਾਹ (ਚੱਲ ਰਿਹਾ ਹੈ), ਮੈਂ ਤੇਰਾ ਨਾਮ ਸਿਮਰਦਾ ਰਹਾਂ, ਤੇਰੀ ਸਿਫ਼ਤਿ-ਸਾਲਾਹ ਕਰਦਾ ਰਹਾਂ ॥੧॥ ਰਹਾਉ ॥
34940	818	ਮਾਤ ਪਿਤਾ ਬੰਧਪ ਤੂਹੈ ਤੂ ਸਰਬ ਨਿਵਾਸੁ॥		Maath Pithaa Bandhhap Thoohai Thoo Sarab Nivaas ||	You are my mother, father and relative; You are abiding within all.	ਹੇ ਪ੍ਰਭੂ! ਤੂੰ ਹੀ ਮੇਰੀ ਮਾਂ ਹੈਂ, ਤੂੰ ਹੀ ਮੇਰਾ ਪਿਉ ਹੈਂ, ਤੂੰ ਹੀ ਮੇਰਾ ਸਾਕ-ਸੈਣ ਹੈਂ, ਤੂੰ ਸਾਰੇ ਹੀ ਜੀਵਾਂ ਵਿਚ ਵੱਸਦਾ ਹੈਂ।
34941	818	ਨਾਨਕ ਪ੍ਰਭ ਸਰਣਾਗਤੀ ਜਾ ਕੋ ਨਿਰਮਲ ਜਾਸੁ॥੨॥੭॥੭੧॥	ਸਰਣਾ-ਗਤੀ	Naanak Prabh Saranaagathee Jaa Ko Niramal Jaas ||2||7||71||	Nanak seeks the Sanctuary of God; His Praise is immaculate and pure. ||2||7||71||	ਹੇ ਨਾਨਕ! ਜਿਸ ਪ੍ਰਭੂ ਦੀ ਸਿਫ਼ਤਿ-ਸਾਲਾਹ (ਜੀਵਨ) ਪਵਿੱਤਰ ਕਰ ਦੇਂਦੀ ਹੈ, ਉਸ ਦੀ ਸਰਨ ਪਏ ਰਹਿਣਾ ਚਾਹੀਦਾ ਹੈ ॥੨॥੭॥੭੧॥
34942	818	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34943	818	ਸਰਬ ਸਿਧਿ ਹਰਿ ਗਾਈਐ ਸਭਿ ਭਲਾ ਮਨਾਵਹਿ॥	ਮਨਾਵ-ਹਿ	Sarab Sidhh Har Gaaeeai Sabh Bhalaa Manaavehi ||	All perfect spiritual powers are obtained when one sings the Lord's Praises; everyone wishes him well.	ਹੇ ਭਾਈ! ਸਾਰੀਆਂ ਸਿੱਧੀਆਂ ਦੇ ਮਾਲਕ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਰਹਿਣਾ ਚਾਹੀਦਾ ਹੈ, (ਜੇਹੜਾ ਮਨੁੱਖ ਸਿਫ਼ਤਿ-ਸਾਲਾਹ ਕਰਦਾ ਹੈ) ਸਾਰੇ ਲੋਕ (ਉਸ ਦੀ) ਸੁਖ ਮੰਗਦੇ ਹਨ।

34944	818	ਸਾਧੁ ਸਾਧੁ ਮੁਖ ਤੇ ਕਹਹਿ ਸੁਣਿ ਦਾਸ ਮਿਲਾਵਹਿ॥੧॥	ਕਹ-ਹਿ। ਮਿਲਾਵ-ਹਿ	Saadhh Saadhh Mukh Thae Kehehi Sun Dhaas Milaavehi ||1||	Everyone calls him holy and spiritual; hearing of him the Lord's slaves come to meet him. ||1||	ਮੂੰਹੋਂ (ਸਾਰੇ ਲੋਕ ਉਸ ਨੂੰ) ਗੁਰਮੁਖਿ ਗੁਰਮੁਖਿ ਆਖਦੇ ਹਨ, (ਉਸ ਦੇ ਬਚਨ) ਸੁਣ ਕੇ ਸੇਵਕ-ਭਾਵ ਨਾਲ ਉਸ ਦੀ ਚਰਨੀਂ ਲੱਗਦੇ ਹਨ ॥੧॥
34945	818	ਸੂਖ ਸਹਜ ਕਲਿਆਣ ਰਸ ਪੂਰੈ ਗੁਰਿ ਕੀਨ੍॥		Sookh Sehaj Kaliaan Ras Poorai Gur Keenh ||	The Perfect Guru blesses him with peace, poise, salvation and happiness.	ਹੇ ਭਾਈ! ਪੂਰੇ ਗੁਰੂ ਨੇ ਜਿਸ ਮਨੁੱਖ ਨੂੰ ਆਤਮਕ ਅਡੋਲਤਾ ਦੇ ਸੁਖ ਆਨੰਦ ਰਸ ਬਖ਼ਸ਼ ਦਿੱਤੇ,
34946	818	ਜੀਅ ਸਗਲ ਦਇਆਲ ਭਏ ਹਰਿ ਹਰਿ ਨਾਮੁ ਚੀਨ੍॥੧॥ਰਹਾਉ॥		Jeea Sagal Dhaeiaal Bheae Har Har Naam Cheenh ||1|| Rehaao ||	All living beings become compassionate to him; he remembers the Name of the Lord, Har, Har. ||1||Pause||	ਉਹ ਮਨੁੱਖ ਸਦਾ ਪਰਮਾਤਮਾ ਦੇ ਨਾਮ ਨਾਲ ਸਾਂਝ ਪਾਈ ਰੱਖਦਾ ਹੈ ਅਤੇ (ਪਰਮਾਤਮਾ ਨੂੰ ਸਰਬ-ਵਿਆਪਕ ਜਾਣਦਾ ਹੋਇਆ) ਸਾਰੇ ਜੀਵਾਂ ਉਤੇ ਦਇਆਵਾਨ ਰਹਿੰਦਾ ਹੈ ॥੧॥ ਰਹਾਉ ॥
34947	818	ਪੂਰਿ ਰਹਿਓ ਸਰਬਤ੍ਰ ਮਹਿ ਪ੍ਰਭ ਗੁਣੀ ਗਹੀਰ॥	ਸਰਬੱਤ੍ਰ	Poor Rehiou Sarabathr Mehi Prabh Gunee Geheer ||	He is permeating and pervading everywhere; God is the ocean of virtue.	(ਉਹਨਾਂ ਨੂੰ ਨਿਸ਼ਚਾ ਹੁੰਦਾ ਹੈ) ਕਿ ਸਾਰੇ ਗੁਣਾਂ ਦਾ ਮਾਲਕ ਅਥਾਹ ਪ੍ਰਭੂ ਸਾਰੇ ਜੀਵਾਂ ਵਿਚ ਵੱਸਦਾ ਹੈ।

34948	818	ਨਾਨਕ ਭਗਤ ਆਨੰਦਮੈ ਪੇਖਿ ਪ੍ਰਭ ਕੀ ਧੀਰ॥੨॥੮॥੭੨॥	ਮੈ:ਬਿੰਦੀ ਨਹੀਂ ਲਾਉਣੀ।ਆਨੰਦ-ਮੈ	Naanak Bhagath Aanandh Mai Paekh Prabh Kee Dhheer ||2||8||72||	O Nanak, the devotees are in bliss, gazing upon God's abiding stability. ||2||8||72||	ਹੇ ਨਾਨਕ! (ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨ ਵਾਲੇ) ਭਗਤ ਜਨ ਪ੍ਰਭੂ ਦਾ ਆਸਰਾ ਤੱਕ ਕੇ ਸਦਾ ਆਨੰਦ-ਭਰਪੂਰ ਰਹਿੰਦੇ ਹਨ ॥੨॥੮॥੭੨॥
34949	818	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34950	818	ਅਰਦਾਸਿ ਸੁਣੀ ਦਾਤਾਰਿ ਪ੍ਰਭਿ ਹੋਏ ਕਿਰਪਾਲ॥		Aradhaas Sunee Dhaathaar Prabh Hoeae Kirapaal ||	God, the Great Giver, has become merciful; He has listened to my prayer.	ਹੇ ਮਿੱਤਰ! ਜਿਸ ਸੇਵਕ ਦੀ ਅਰਦਾਸ ਪ੍ਰਭੂ ਨੇ ਸੁਣ ਲਈ, ਜਿਸ ਸੇਵਕ ਉੱਤੇ ਪ੍ਰਭੂ ਜੀ ਦਇਆਵਾਨ ਹੋ ਗਏ,
34951	818	ਰਾਖਿ ਲੀਆ ਅਪਨਾ ਸੇਵਕੋ ਮੁਖਿ ਨਿੰਦਕ ਛਾਰੁ॥੧॥		Raakh Leeaa Apanaa Saevako Mukh Nindhak Shhaar ||1||	He has saved His servant, and put ashes into the mouth of the slanderer. ||1||	ਆਪਣੇ ਉਸ ਸੇਵਕ ਦੀ ਪ੍ਰਭੂ ਨੇ (ਸਦਾ) ਰੱਖਿਆ ਕੀਤੀ ਹੈ, ਉਸ ਸੇਵਕ ਦੇ ਦੋਖੀ-ਨਿੰਦਕ ਦੇ ਮੂੰਹ ਉਤੇ ਸੁਆਹ ਹੀ ਪਈ ਹੈ (ਨਿੰਦਕ ਨੂੰ ਸਦਾ ਫਿਟਕਾਰ ਹੀ ਪਈ ਹੈ) ॥੧॥
34952	818	ਤੁਝਹਿ ਨ ਜੋਹੈ ਕੋ ਮੀਤ ਜਨ ਤੂੰ ਗੁਰ ਕਾ ਦਾਸ॥		Thujhehi N Johai Ko Meeth Jan Thoon Gur Kaa Dhaas ||	No one can threaten you now, O my humble friend, for you are the slave of the Guru.	ਹੇ ਮਿੱਤਰ! ਹੇ ਸੱਜਣ! (ਜੇ) ਤੂੰ ਗੁਰੂ ਦਾ ਸੇਵਕ (ਬਣਿਆ ਰਹੇਂ,

34953	818	ਪਾਰਬ੍ਰਹਮਿ ਤੂ ਰਾਖਿਆ ਦੇ ਅਪਨੇ ਹਾਥ॥੧॥ਰਹਾਉ॥		Paarabreham Thoo Raakhiaa Dhae Apanae Haathh ||1|| Rehaao ||	The Supreme Lord God reached out with His Hand and saved you. ||1||Pause||	ਤਾਂ ਨਿਸ਼ਚਾ ਰੱਖ ਕਿ) ਪਰਮਾਤਮਾ ਨੇ ਆਪਣੇ ਹੱਥ ਦੇ ਕੇ ਤੇਰੀ ਸਦਾ ਰੱਖਿਆ ਕਰਨੀ ਹੈ ॥੧॥ ਰਹਾਉ ॥
34954	818	ਜੀਅਨ ਕਾ ਦਾਤਾ ਏਕੁ ਹੈ ਬੀਆ ਨਹੀ ਹੋਰੁ॥		Jeean Kaa Dhaathaa Eaek Hai Beeaa Nehee Hor ||	The One Lord is the Giver of all beings; there is no other at all.	ਹੇ ਮਿੱਤਰ! ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਸਿਰਫ਼ ਪਰਮਾਤਮਾ ਹੀ ਹੈ, ਉਸ ਤੋਂ ਬਿਨਾ ਕੋਈ ਹੋਰ ਦੂਜਾ (ਦਾਤਾਂ ਦੇਣ ਜੋਗਾ) ਨਹੀਂ ਹੈ (ਉਸ ਪ੍ਰਭੂ ਦੀ ਹੀ ਸਰਨ ਪਿਆ ਰਹੁ)।
34955	818	ਨਾਨਕ ਕੀ ਬੇਨੰਤੀਆ ਮੈ ਤੇਰਾ ਜੋਰੁ॥੨॥੯॥੭੩॥		Naanak Kee Baenantheeaa Mai Thaeraa Jor ||2||9||73||	Nanak prays, You are my only strength, God. ||2||9||73||	ਨਾਨਕ ਦੀ (ਭੀ ਪ੍ਰਭੂ-ਦਰ ਤੇ ਹੀ ਸਦਾ) ਅਰਦਾਸ ਹੈ (-ਹੇ ਪ੍ਰਭੂ!) ਮੈਨੂੰ ਤੇਰਾ ਹੀ ਆਸਰਾ ਹੈ ॥੨॥੯॥੭੩॥
34956	818	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34957	818	ਮੀਤ ਹਮਾਰੇ ਸਾਜਨਾ ਰਾਖੇ ਗੋਵਿੰਦ॥		Meeth Hamaarae Saajanaa Raakhae Govindh ||	The Lord of the Universe has saved my friends and companions.	ਹੇ ਮੇਰੇ ਮਿੱਤਰੋ! ਹੇ ਮੇਰੇ ਸੱਜਣੋ! (ਯਕੀਨ ਰੱਖੋ ਕਿ) ਪਰਮਾਤਮਾ (ਆਪਣੇ ਸੇਵਕਾਂ ਦੀ ਜ਼ਰੂਰ) ਰੱਖਿਆ ਕਰਦਾ ਹੈ।

34958	818	ਨਿੰਦਕ ਮਿਰਤਕ ਹੋਇ ਗਏ ਤੁਮ੍ ਹੋਹੁ ਨਿਚਿੰਦ॥੧॥ਰਹਾਉ॥		Nindhak Mirathak Hoe Geae Thumh Hohu Nichindh ||1|| Rehaao ||	The slanderers have died, so do not worry. ||1||Pause||	(ਸੇਵਕਾਂ ਦੀ) ਨਿੰਦਾ ਕਰਨ ਵਾਲੇ (ਆਪ ਹੀ) ਆਤਮਕ ਮੌਤੇ ਮਰ ਜਾਂਦੇ ਹਨ। (ਇਸ ਵਾਸਤੇ ਤੁਸੀ ਪਰਮਾਤਮਾ ਦਾ ਆਸਰਾ-ਪਰਨਾ ਲਈ ਰੱਖੋ, ਤੇ ਨਿੰਦਕਾਂ ਵਲੋਂ) ਬੇ-ਫ਼ਿਕਰ ਰਹੋ ॥੧॥ ਰਹਾਉ ॥
34959	818	ਸਗਲ ਮਨੋਰਥ ਪ੍ਰਭਿ ਕੀਏ ਭੇਟੇ ਗੁਰਦੇਵ॥		Sagal Manorathh Prabh Keeeae Bhaettae Guradhaev ||	God has fulfilled all hopes and desires; I have met the Divine Guru.	ਹੇ ਮੇਰੇ ਮਿੱਤਰੋ! ਜਿਸ ਨੂੰ (ਭਾਗਾਂ ਨਾਲ) ਗੁਰੂ ਮਿਲ ਪਿਆ, ਉਸ ਪ੍ਰਭੂ ਨੇ (ਸਦਾ ਹੀ ਉਸ ਸੇਵਕ ਦੇ) ਸਾਰੇ ਮਨੋਰਥ ਪੂਰੇ ਕੀਤੇ ਹਨ।
34960	819	ਜੈ ਜੈਕਾਰੁ ਜਗਤ ਮਹਿ ਸਫਲ ਜਾ ਕੀ ਸੇਵ॥੧॥		Jai Jai Kaar Jagath Mehi Safal Jaa Kee Saev ||1||	God is celebrated and acclaimed all over the world; it is fruitful and rewarding to serve Him. ||1||	ਜਿਸ ਪ੍ਰਭੂ ਦੀ ਸੇਵਾ-ਭਗਤੀ ਮਨੋਰਥ ਪੂਰੇ ਕਰਦੀ ਹੈ, (ਉਸ ਦੀ ਦੇਵਾ ਦੁਆਰਾ ਨਿਰੇ ਮਨੋਰਥ ਹੀ ਪੂਰੇ ਨਹੀਂ ਹੁੰਦੇ) ਸਾਰੇ ਜਗਤ ਵਿਚ ਉਸ ਦੀ ਸੋਭਾ ਪਈ ਹੁੰਦੀ ਹੈ ॥੧॥
34961	819	ਊਚ ਅਪਾਰ ਅਗਨਤ ਹਰਿ ਸਭਿ ਜੀਅ ਜਿਸੁ ਹਾਥਿ॥	ਅ-ਗਨਤ	Ooch Apaar Aganath Har Sabh Jeea Jis Haathh ||	Lofty, infinite and immeasurable is the Lord; all beings are in His Hands.	ਜੇਹੜਾ ਪ੍ਰਭੂ (ਸਭ ਤੋਂ) ਉੱਚਾ ਹੈ, ਬੇਅੰਤ ਹੈ, ਜਿਸ ਦੇ ਗੁਣ ਗਿਣੇ ਨਹੀਂ ਜਾ ਸਕਦੇ, ਸਾਰੇ ਹੀ ਜੀਵ ਜਿਸ ਦੇ ਵੱਸ ਵਿਚ ਹਨ,

34962	819	ਨਾਨਕ ਪ੍ਰਭ ਸਰਣਾਗਤੀ ਜਤ ਕਤ ਮੇਰੈ ਸਾਥਿ॥੨॥੧੦॥੭੪॥	ਸਰਣਾ-ਗਤੀ	Naanak Prabh Saranaagathee Jath Kath Maerai Saathh ||2||10||74||	Nanak has entered the Sanctuary of God; He is with me everywhere. ||2||10||74||	ਹੇ ਨਾਨਕ! (ਤੂੰ ਉਸ) ਪ੍ਰਭੂ ਦੀ ਸਰਨ ਪਿਆ ਰਹੁ (ਤੇ, ਯਕੀਨ ਰੱਖ ਕਿ) ਉਹ ਪ੍ਰਭੂ ਹਰ ਥਾਂ ਮੇਰੇ ਅੰਗ-ਸੰਗ ਹੈ ॥੨॥੧੦॥੭੪॥
34963	819	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34964	819	ਗੁਰੁ ਪੂਰਾ ਆਰਾਧਿਆ ਹੋਏ ਕਿਰਪਾਲ॥		Gur Pooraa Aaraadhhiaa Hoeae Kirapaal ||	I worship the Perfect Guru in adoration; He has become merciful to me.	ਹੇ ਭਾਈ! ਜੇਹੜਾ ਮਨੁੱਖ ਪੂਰੇ ਗੁਰੂ ਨੂੰ ਹਿਰਦੇ ਵਿਚ ਵਸਾਈ ਰੱਖਦਾ ਹੈ, ਜਿਸ ਉੱਤੇ ਗੁਰੂ ਦਇਆਵਾਨ ਹੁੰਦਾ ਹੈ,
34965	819	ਮਾਰਗੁ ਸੰਤਿ ਬਤਾਇਆ ਤੂਟੇ ਜਮ ਜਾਲ॥੧॥		Maarag Santh Bathaaeiaa Thoottae Jam Jaal ||1||	The Saint has shown me the Way, and the noose of Death has been cut away. ||1||	ਜਿਸ ਮਨੁੱਖ ਨੂੰ ਗੁਰੂ ਨੇ (ਸਹੀ ਜੀਵਨ ਦਾ) ਰਸਤਾ ਦੱਸ ਦਿੱਤਾ, ਉਸ ਦੀਆਂ ਜਮ ਵਾਲੀਆਂ ਸਾਰੀਆਂ ਫਾਹੀਆਂ ਟੁੱਟ ਜਾਂਦੀਆਂ ਹਨ (ਉਸ ਦੇ ਉਹ ਮਾਨਸਕ ਬੰਧਨ ਟੁੱਟ ਜਾਂਦੇ ਹਨ, ਜੇਹੜੇ ਆਤਮਕ ਮੌਤ ਲਿਆਉਂਦੇ ਹਨ) ॥੧॥
34966	819	ਦੂਖ ਭੂਖ ਸੰਸਾ ਮਿਟਿਆ ਗਾਵਤ ਪ੍ਰਭ ਨਾਮ॥		Dhookh Bhookh Sansaa Mittiaa Gaavath Prabh Naam ||	Pain, hunger and scepticism have been dispelled, singing the Name of God.	ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਦਿਆਂ ਸਾਰੇ ਦੁੱਖ, ਸਾਰੀਆਂ ਭੁੱਖਾਂ, ਸਾਰੇ ਸਹਿਮ ਮਿਟ ਜਾਂਦੇ ਹਨ।

34967	819	ਸਹਜ ਸੂਖ ਆਨੰਦ ਰਸ ਪੂਰਨ ਸਭਿ ਕਾਮ॥੧॥ਰਹਾਉ॥		Sehaj Sookh Aanandh Ras Pooran Sabh Kaam ||1|| Rehaao ||	I am blessed with celestial peace, poise, bliss and pleasure, and all my affairs have been perfectly resolved. ||1||Pause||	(ਨਾਮ ਦੀ ਬਰਕਤਿ ਨਾਲ) ਆਤਮਕ ਅਡੋਲਤਾ ਦੇ ਸੁਖ ਆਨੰਦ ਸੁਆਦ (ਪ੍ਰਾਪਤ ਹੋ ਜਾਂਦੇ ਹਨ)। ਸਾਰੀਆਂ ਲੋੜਾਂ ਪੂਰੀਆਂ ਹੋ ਜਾਂਦੀਆਂ ਹਨ ॥੧॥ ਰਹਾਉ ॥
34968	819	ਜਲਨਿ ਬੁਝੀ ਸੀਤਲ ਭਏ ਰਾਖੇ ਪ੍ਰਭਿ ਆਪ॥	ਬੁਝੀ:ਪੋਲਾ ਬੋਲੋ	Jalan Bujhee Seethal Bheae Raakhae Prabh Aap ||	The fire of desire has been quenched, and I am cooled and soothed; God Himself saved me.	(ਹੇ ਭਾਈ! ਜਿਸ ਮਨੁੱਖ ਨੇ ਪ੍ਰਭੂ ਦਾ ਨਾਮ ਸਿਮਰਿਆ) ਪ੍ਰਭੂ ਨੇ ਆਪ (ਉਸ ਦੀ ਜਮ ਜਾਲ ਤੋਂ) ਰਾਖੀ ਕੀਤੀ (ਉਸ ਦੇ ਅੰਦਰੋਂ ਵਿਕਾਰਾਂ ਦੀ) ਸੜਨ ਮਿਟ ਗਈ, ਉਸ ਦਾ ਮਨ ਠੰਢਾ-ਠਾਰ ਹੋ ਗਿਆ।
34969	819	ਨਾਨਕ ਪ੍ਰਭ ਸਰਣਾਗਤੀ ਜਾ ਕਾ ਵਡ ਪਰਤਾਪ॥੨॥੧੧॥੭੫॥		Naanak Prabh Saranaagathee Jaa Kaa Vadd Parathaap ||2||11||75||	Nanak has entered the Sanctuary of God; His glorious radiance is so great! ||2||11||75||	ਹੇ ਨਾਨਕ! ਜਿਸ ਪ੍ਰਭੂ ਵਿਚ ਇਤਨੀ ਵੱਡੀ ਤਾਕਤ ਹੈ ਤੂੰ ਭੀ ਉਸ ਦੀ ਸਰਨ ਪਿਆ ਰਹੁ ॥੨॥੧੧॥੭੫॥
34970	819	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

34971	819	ਧਰਤਿ ਸੁਹਾਵੀ ਸਫਲ ਥਾਨੁ ਪੂਰਨ ਭਏ ਕਾਮ॥		Dhharath Suhaavee Safal Thhaan Pooran Bheae Kaam ||	The earth is beautified, all places are fruitful, and my affairs are perfectly resolved.	(ਹੇ ਭਾਈ!) ਉਸ ਮਨੁੱਖ ਦਾ ਸਰੀਰ ਸੋਹਣਾ ਹੋ ਜਾਂਦਾ ਹੈ (ਉਸ ਦੇ ਗਿਆਨ-ਇੰਦ੍ਰੇ ਸੁਚੱਜੇ ਹੋ ਜਾਂਦੇ ਹਨ), ਉਸ ਦਾ ਹਿਰਦਾ-ਥਾਂ ਜੀਵਨ-ਮਨੋਰਥ ਪੂਰਾ ਕਰਨ ਵਾਲਾ ਬਣ ਜਾਂਦਾ ਹੈ, ਉਸ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ,
34972	819	ਭਉ ਨਾਠਾ ਭ੍ਰਮੁ ਮਿਟਿ ਗਇਆ ਰਵਿਆ ਨਿਤ ਰਾਮ॥੧॥		Bho Naathaa Bhram Mitt Gaeiaa Raviaa Nith Raam ||1||	Fear runs away, and doubt is dispelled, dwelling constantly upon the Lord. ||1||	(ਜੇਹੜਾ ਮਨੁੱਖ ਸਾਧ ਸੰਗਤਿ ਵਿਚ ਟਿਕ ਕੇ) ਪ੍ਰਭੂ ਦਾ ਨਾਮ ਸਦਾ ਸਿਮਰਦਾ ਹੈ। (ਉਸ ਦੇ ਮਨ ਵਿਚੋਂ ਹਰੇਕ ਕਿਸਮ ਦਾ) ਡਰ ਦੂਰ ਹੋ ਜਾਂਦਾ ਹੈ, ਭਟਕਣਾ ਮਿਟ ਜਾਂਦੀ ਹੈ ॥੧॥
34973	819	ਸਾਧ ਜਨਾ ਕੈ ਸੰਗਿ ਬਸਤ ਸੁਖ ਸਹਜ ਬਿਸ੍ਰਾਮ॥		Saadhh Janaa Kai Sang Basath Sukh Sehaj Bisraam ||	Dwelling with the humble Holy people, one finds peace, poise and tranquility.	ਹੇ ਭਾਈ! ਗੁਰਮੁਖਾਂ ਦੀ ਸੰਗਤਿ ਵਿਚ ਟਿਕੇ ਰਿਹਾਂ ਆਤਮਕ ਅਡੋਲਤਾ ਦਾ ਆਨੰਦ ਪ੍ਰਾਪਤ ਹੁੰਦਾ ਹੈ, (ਮਨ ਨੂੰ) ਸ਼ਾਂਤੀ ਮਿਲਦੀ ਹੈ।
34974	819	ਸਾਈ ਘੜੀ ਸੁਲਖਣੀ ਸਿਮਰਤ ਹਰਿ ਨਾਮ॥੧॥ਰਹਾਉ॥	ਸਾਂਈਂ ਜੀ ਦੇ ਲੇਖੇ ਵਾਲੀ।ਸਾਂਈਂ। ਸੁ-ਲੱਖਣੀ	Saaee Gharree Sulakhanee Simarath Har Naam ||1|| Rehaao ||	Blessed and auspicious is that time, when one meditates in remembrance on the Lord's Name. ||1||Pause||	(ਹੇ ਭਾਈ! ਮਨੁੱਖ ਦੇ ਜੀਵਨ ਵਿਚ) ਉਹੀ ਘੜੀ ਭਾਗਾਂ ਵਾਲੀ ਹੁੰਦੀ ਹੈ; (ਜਦੋਂ ਮਨੁੱਖ ਗੁਰਮੁਖਾਂ ਦੀ ਸੰਗਤਿ ਵਿਚ ਰਹਿ ਕੇ) ਪਰਮਾਤਮਾ ਦਾ ਨਾਮ ਸਿਮਰਦਾ ਹੈ ॥੧॥ ਰਹਾਉ ॥

34975	819	ਪ੍ਰਗਟ ਭਏ ਸੰਸਾਰ ਮਹਿ ਫਿਰਤੇ ਪਹਨਾਮ॥	(ਪਹਨਾਮ)ਬਦਨਾਮ	Pragatt Bheae Sansaar Mehi Firathae Pehanaam ||	They have become famous throughout the world; before this, no one even knew their names.	ਹੇ ਭਾਈ! ਜੇਹੜੇ ਮਨੁੱਖਾਂ ਨੂੰ ਪਹਿਲਾਂ ਕੋਈ ਭੀ ਜਾਣਦਾ-ਸਿੰਞਾਣਦਾ ਨਹੀਂ ਸੀ (ਸਾਧ ਸੰਗਤਿ ਵਿਚ ਟਿਕ ਕੇ ਸਿਮਰਨ ਦੀ ਬਰਕਤਿ ਨਾਲ) ਉਹ ਜਗਤ ਵਿਚ ਨਾਮਣੇ ਵਾਲੇ ਹੋ ਜਾਂਦੇ ਹਨ।
34976	819	ਨਾਨਕ ਤਿਸੁ ਸਰਣਾਗਤੀ ਘਟ ਘਟ ਸਭ ਜਾਨ॥੨॥੧੨॥੭੬॥		Naanak This Saranaagathee Ghatt Ghatt Sabh Jaan ||2||12||76||	Nanak has come to the Sanctuary of the One who knows each and every heart. ||2||12||76||	ਹੇ ਨਾਨਕ! (ਸਾਧ ਸੰਗਤਿ ਦਾ ਆਸਰਾ ਲੈ ਕੇ) ਉਸ ਪਰਮਾਤਮਾ ਦੀ ਸਦਾ ਸਰਨ ਪਏ ਰਹਿਣਾ ਚਾਹੀਦਾ ਹੈ ਜੇਹੜਾ ਹਰੇਕ ਜੀਵ ਦੇ ਹਿਰਦੇ ਦੀ ਹਰੇਕ ਗੱਲ ਜਾਣਨ ਵਾਲਾ ਹੈ ॥੨॥੧੨॥੭੬॥
34977	819	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34978	819	ਰੋਗੁ ਮਿਟਾਇਆ ਆਪਿ ਪ੍ਰਭਿ ਉਪਜਿਆ ਸੁਖੁ ਸਾਂਤਿ॥		Rog Mittaaeiaa Aap Prabh Oupajiaa Sukh Saanth ||	God Himself eradicated the disease; peace and tranquility have welled up.	ਹੇ ਭਾਈ! ਪ੍ਰਭੂ ਨੇ ਆਪ ਹੀ (ਮੇਰੇ ਪਿਆਰੇ ਦਾ) ਰੋਗ ਦੂਰ ਕੀਤਾ ਹੈ, (ਉਸੇ ਦੀ ਮੇਹਰ ਨਾਲ) ਸੁਖ ਮਿਲਿਆ ਹੈ ਸ਼ਾਂਤੀ ਮਿਲੀ ਹੈ।

34979	819	ਵਡ ਪਰਤਾਪੁ ਅਚਰਜ ਰੂਪੁ ਹਰਿ ਕੀਨ੍ਹੀ ਦਾਤਿ॥੧॥	ਅ-ਚਰਜ	Vadd Parathaap Acharaj Roop Har Keenhee Dhaath ||1||	The Lord blessed me with the gifts of great, glorious radiance and wondrous form. ||1||	ਉਹ ਪਰਮਾਤਮਾ ਵੱਡੇ ਪਰਤਾਪ ਵਾਲਾ ਹੈ, ਅਚਰਜ ਸਰੂਪ ਵਾਲਾ ਹੈ, ਉਸੇ ਨੇ ਹੀ (ਮੇਰੇ ਉਤੇ) ਬਖ਼ਸ਼ਸ਼ ਕੀਤੀ ਹੈ ॥੧॥
34980	819	ਗੁਰਿ ਗੋਵਿੰਦਿ ਕ੍ਰਿਪਾ ਕਰੀ ਰਾਖਿਆ ਮੇਰਾ ਭਾਈ॥		Gur Govindh Kirapaa Karee Raakhiaa Maeraa Bhaaee ||	The Guru, the Lord of the Universe, has shown mercy to me, and saved my brother.	(ਵੇਖੋ, ਉਸ ਦੀ ਮੇਹਰ ਕਿ) ਗੁਰੂ ਨੇ ਪਰਮਾਤਮਾ ਨੇ (ਹੀ ਮੇਰੇ ਉੱਤੇ) ਕਿਰਪਾ ਕੀਤੀ ਹੈ, ਮੇਰੇ ਪਿਆਰੇ ਨੂੰ (ਹੱਥ ਦੇ ਕੇ) ਬਚਾ ਲਿਆ ਹੈ।
34981	819	ਹਮ ਤਿਸ ਕੀ ਸਰਣਾਗਤੀ ਜੋ ਸਦਾ ਸਹਾਈ॥੧॥ਰਹਾਉ॥	ਸਰ-ਣਾਗਤੀ	Ham This Kee Saranaagathee Jo Sadhaa Sehaaee ||1|| Rehaao ||	I am under His Protection; He is always my help and support. ||1||Pause||	ਹੇ ਭਾਈ! ਮੈਂ ਤਾਂ ਉਸ ਪਰਮਾਤਮਾ ਦਾ ਹੀ ਆਸਰਾ ਲਿਆ ਹੋਇਆ ਹੈ, ਜੋ ਸਦਾ ਸਹਾਇਤਾ ਕਰਨ ਵਾਲਾ ਹੈ ॥੧॥ ਰਹਾਉ ॥
34982	819	ਬਿਰਥੀ ਕਦੇ ਨ ਹੋਵਈ ਜਨ ਕੀ ਅਰਦਾਸਿ॥		Birathhee Kadhae N Hovee Jan Kee Aradhaas ||	The prayer of the Lord's humble servant is never offered in vain.	(ਹੇ ਭਾਈ! ਪ੍ਰਭੂ ਦੇ ਦਰ ਦੇ ਹੀ ਸੇਵਕ ਬਣੇ ਰਹੋ) ਸੇਵਕ ਦੀ ਅਰਜ਼ੋਈ ਕਦੇ ਖ਼ਾਲੀ ਨਹੀਂ ਜਾਂਦੀ (ਪ੍ਰਭੂ ਜ਼ਰੂਰ ਸਹਾਇਤਾ ਕਰਦਾ ਹੈ, ਤੇ, ਰੋਗ ਆਦਿਕਾਂ ਤੋਂ ਆਪ ਹੀ ਬਚਾਂਦਾ ਹੈ)।

34983	819	ਨਾਨਕ ਜੋਰੁ ਗੋਵਿੰਦ ਕਾ ਪੂਰਨ ਗੁਣਤਾਸਿ॥੨॥੧੩॥ ੭੭॥		Naanak Jor Govindh Kaa Pooran Gunathaas ||2||13||77||	Nanak takes the strength of the Perfect Lord of the Universe, the treasure of excellence. ||2||13||77||	ਹੇ ਨਾਨਕ! (ਆਖ-) ਉਹ ਪਰਮਾਤਮਾ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ, ਸਾਰੇ ਗੁਣਾਂ ਨਾਲ ਭਰਪੂਰ ਹੈ। ਮੈਨੂੰ ਤਾਂ ਉਸ ਪਰਮਾਤਮਾ ਦਾ ਹੀ ਆਸਰਾ ਹੈ ॥੨॥੧੩॥੭੭॥
34984	819	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34985	819	ਮਰਿ ਮਰਿ ਜਨਮੇ ਜਿਨ ਬਿਸਰਿਆ ਜੀਵਨ ਕਾ ਦਾਤਾ॥		Mar Mar Janamae Jin Bisariaa Jeevan Kaa Dhaathaa ||	Those who forget the Giver of life, die, over and over again, only to be reborn and die.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਜ਼ਿੰਦਗੀ ਦੇਣ ਵਾਲਾ ਪਰਮਾਤਮਾ ਭੁੱਲ ਜਾਂਦਾ ਹੈ, ਉਹ ਆਤਮਕ ਮੌਤ ਸਹੇੜ ਕੇ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ।
34986	819	ਪਾਰਬ੍ਰਹਮੁ ਜਨਿ ਸੇਵਿਆ ਅਨ ਦਿਨੁ ਰੰਗਿ ਰਾਤਾ॥੧॥		Paarabreham Jan Saeviaa Anadhin Rang Raathaa ||1||	The humble servant of the Supreme Lord God serves Him; night and day, he remains imbued with His Love. ||1||	ਪਰ ਪ੍ਰਭੂ ਦੇ ਸੇਵਕ ਨੇ ਪ੍ਰਭੂ ਨੂੰ ਹਰ ਵੇਲੇ ਸਿਮਰਿਆ ਹੈ, (ਪ੍ਰਭੂ ਦਾ ਸੇਵਕ ਪ੍ਰਭੂ ਦੇ) ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ ॥੧॥
34987	819	ਸਾਂਤਿ ਸਹਜੁ ਆਨਦੁ ਘਨਾ ਪੂਰਨ ਭਈ ਆਸ॥		Saanth Sehaj Aanadh Ghanaa Pooran Bhee Aas ||	I have found peace, tranquility and great ecstasy; my hopes have been fulfilled.	(ਹੇ ਭਾਈ! ਸੇਵਕ ਦੇ ਹਿਰਦੇ ਵਿਚ) ਸ਼ਾਂਤੀ, ਆਤਮਕ ਅਡੋਲਤਾ ਤੇ ਬਹੁਤ ਆਨੰਦ ਬਣਿਆ ਰਹਿੰਦਾ ਹੈ। (ਉਸ ਦੀ) ਹਰੇਕ ਕਾਮਨਾ ਪੂਰੀ ਹੋ ਜਾਂਦੀ ਹੈ।

34988	819	ਸੁਖੁ ਪਾਇਆ ਹਰਿ ਸਾਧਸੰਗਿ ਸਿਮਰਤ ਗੁਣਤਾਸ॥੧॥ਰਹਾਉ ॥		Sukh Paaeiaa Har Saadhhasang Simarath Gunathaas ||1|| Rehaao ||	I have found peace in the Saadh Sangat, the Company of the Holy; I meditate in remembrance on the Lord, the treasure of virtue. ||1||Pause||	(ਸੇਵਕ ਨੇ) ਗੁਣਾਂ ਦੇ ਖ਼ਜ਼ਾਨੇ ਹਰੀ (ਦਾ ਨਾਮ) ਸਾਧ ਸੰਗਤਿ ਵਿਚ ਸਿਮਰਦਿਆਂ (ਸਦਾ) ਆਤਮਕ ਆਨੰਦ ਪ੍ਰਾਪਤ ਕੀਤਾ ਹੈ ॥੧॥ ਰਹਾਉ ॥
34989	819	ਸੁਣਿ ਸੁਆਮੀ ਅਰਦਾਸਿ ਜਨ ਤੁਮ੍ਹ ਅੰਤਰਜਾਮੀ॥		Sun Suaamee Aradhaas Jan Thumh Antharajaamee ||	O my Lord and Master, please listen to the prayer of Your humble servant; You are the Inner-knower, the Searcher of hearts.	ਹੇ ਸੁਆਮੀ! ਤੂੰ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈਂ, ਤੂੰ (ਆਪਣੇ) ਸੇਵਕ ਦੀ ਅਰਦਾਸ (ਸਦਾ) ਸੁਣਦਾ ਹੈਂ।
34990	819	ਥਾਨ ਥਨੰਤਰਿ ਰਵਿ ਰਹੇ ਨਾਨਕ ਕੇ ਸੁਆਮੀ॥੨॥੧੪॥੭੮॥		Thhaan Thhananthar Rav Rehae Naanak Kae Suaamee ||2||14||78||	Nanak's Lord and Master is permeating and pervading all places and interspaces. ||2||14||78||	ਹੇ ਨਾਨਕ ਦੇ ਮਾਲਕ! ਤੂੰ ਹਰ ਥਾਂ ਵਿਚ ਵੱਸਦਾ ਹੈਂ ॥੨॥੧੪॥੭੮॥
34991	819	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

34992	819	ਤਾਤੀ ਵਾਉ ਨ ਲਗਈ ਪਾਰਬ੍ਰਹਮ ਸਰਣਾਈ॥		Thaathee Vaao N Lagee Paarabreham Saranaaee ||	The hot wind does not even touch one who is under the Protection of the Supreme Lord God.	ਹੇ ਭਾਈ! ਪਰਮਾਤਮਾ ਦੀ ਸਰਨ ਪਿਆਂ (ਵਿਆਧੀਆਂ ਦਾ) ਸੇਕ ਨਹੀਂ ਲੱਗਦਾ।
34993	819	ਚਉਗਿਰਦ ਹਮਾਰੈ ਰਾਮ ਕਾਰ ਦੁਖੁ ਲਗੈ ਨ ਭਾਈ॥੧॥		Chougiradh Hamaarai Raam Kaar Dhukh Lagai N Bhaaee ||1||	On all four sides I am surrounded by the Lord's Circle of Protection; pain does not afflict me, O Siblings of Destiny. ||1||	ਹੇ ਭਾਈ! ਅਸਾਂ ਜੀਵਾਂ ਦੇ ਦੁਆਲੇ ਪਰਮਾਤਮਾ ਦਾ ਨਾਮ (ਮਾਨੋ) ਇਕ ਲਕੀਰ ਹੈ (ਜਿਸ ਦੀ ਬਰਕਤਿ ਨਾਲ) ਕੋਈ ਦੁੱਖ ਪੋਹ ਨਹੀਂ ਸਕਦਾ ॥੧॥
34994	819	ਸਤਿਗੁਰੁ ਪੂਰਾ ਭੇਟਿਆ ਜਿਨਿ ਬਣਤ ਬਣਾਈ॥		Sathigur Pooraa Bhaettiaa Jin Banath Banaaee ||	I have met the Perfect True Guru, who has done this deed.	ਹੇ ਭਾਈ! ਉਹ ਪੂਰਾ ਗੁਰੂ (ਜਿਸ ਮਨੁੱਖ ਨੂੰ) ਮਿਲ ਪੈਂਦਾ ਹੈ ਜਿਸ ਗੁਰੂ ਨੇ (ਪਰਮਾਤਮਾ ਦਾ ਨਾਮ-ਦਵਾਈ ਦੇ ਕੇ ਜੀਵਾਂ ਦੇ ਰੋਗ ਦੂਰ ਕਰਨ ਦੀ) ਵਿਓਂਤ ਬਣਾ ਰੱਖੀ ਹੈ,
34995	819	ਰਾਮ ਨਾਮੁ ਅਉਖਧੁ ਦੀਆ ਏਕਾ ਲਿਵ ਲਾਈ॥੧॥ਰਹਾਉ॥		Raam Naam Aoukhadhh Dheeaa Eaekaa Liv Laaee ||1|| Rehaao ||	He has given me the medicine of the Lord's Name, and I enshrine love for the One Lord. ||1||Pause||	(ਤਾਂ ਪੂਰਾ ਗੁਰੂ ਉਸ ਨੂੰ) ਪਰਮਾਤਮਾ ਦਾ ਨਾਮ-ਦਵਾਈ ਦੇਂਦਾ ਹੈ। ਉਹ ਮਨੁੱਖ ਸਦਾ ਪਰਮਾਤਮਾ ਵਿਚ ਸੁਰਤ ਜੋੜੀ ਰੱਖਦਾ ਹੈ ॥੧॥ ਰਹਾਉ ॥

34996	819	ਰਾਖਿ ਲੀਏ ਤਿਨਿ ਰਖਨਹਾਰਿ ਸਭ ਬਿਆਧਿ ਮਿਟਾਈ॥		Raakh Leeeae Thin Rakhanehaar Sabh Biaadhh Mittaaee ||	The Savior Lord has saved me, and eradicated all my sickness.	(ਜਿਸ ਮਨੁੱਖ ਨੂੰ ਗੁਰੂ ਮਿਲ ਪਿਆ ਉਸ ਨੂੰ) ਉਸ ਰੱਖਣਹਾਰ ਪ੍ਰਭੂ ਨੇ ਬਚਾ ਲਿਆ, (ਉਸ ਦੇ ਅੰਦਰੋਂ) ਹਰੇਕ ਰੋਗ ਦੂਰ ਕਰ ਦਿੱਤਾ।
34997	819	ਕਹੁ ਨਾਨਕ ਕਿਰਪਾ ਭਈ ਪ੍ਰਭ ਭਏ ਸਹਾਈ॥੨॥੧੫॥੭੯॥		Kahu Naanak Kirapaa Bhee Prabh Bheae Sehaaee ||2||15||79||	Says Nanak, God has showered me with His Mercy; He has become my help and support. ||2||15||79||	ਨਾਨਕ ਆਖਦਾ ਹੈ- ਉਸ ਮਨੁੱਖ ਉਤੇ ਪ੍ਰਭੂ ਦੀ ਕਿਰਪਾ ਹੋ ਗਈ। ਪ੍ਰਭੂ ਉਸ ਮਨੁੱਖ ਦਾ ਮਦਦਗਾਰ ਬਣ ਗਿਆ ॥੨॥੧੫॥੭੯॥
34998	819	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
34999	819	ਅਪਨੇ ਬਾਲਕ ਆਪਿ ਰਖਿਅਨੁ ਪਾਰਬ੍ਰਹਮ ਗੁਰਦੇਵ॥		Apanae Baalak Aap Rakhian Paarabreham Guradhaev ||	The Supreme Lord God, through the Divine Guru, has Himself protected and preserved His children.	ਹੇ ਭਾਈ! ਪਰਮਾਤਮਾ ਸਭ ਤੋਂ ਵੱਡਾ ਦੇਵਤਾ (ਹੈ, ਅਸੀਂ ਜੀਵ ਉਸ ਦੇ ਬੱਚੇ ਹਾਂ) ਆਪਣੇ ਬੱਚਿਆਂ ਦੀ ਉਹ ਸਦਾ ਹੀ ਆਪ ਰੱਖਿਆ ਕਰਦਾ ਆਇਆ ਹੈ।
35000	819	ਸੁਖ ਸਾਂਤਿ ਸਹਜ ਆਨਦ ਭਏ ਪੂਰਨ ਭਈ ਸੇਵ॥੧॥ਰਹਾਉ॥		Sukh Saanth Sehaj Aanadh Bheae Pooran Bhee Saev ||1|| Rehaao ||	Celestial peace, tranquility and bliss have come to pass; my service has been perfect. ||1||Pause||	(ਜੇਹੜੇ ਮਨੁੱਖ ਉਸ ਦੀ ਸਰਨ ਪੈਂਦੇ ਹਨ, ਉਹਨਾਂ ਦੇ ਅੰਦਰ) ਸ਼ਾਂਤੀ, ਆਤਮਕ ਅਡੋਲਤਾ ਦੇ ਸੁਖ ਆਨੰਦ ਪੈਦਾ ਹੁੰਦੇ ਹਨ, ਉਹਨਾਂ ਦੀ ਸੇਵਾ-ਸਿਮਰਨ ਦੀ ਘਾਲ ਸਫਲ ਹੋ ਜਾਂਦੀ ਹੈ ॥੧॥ ਰਹਾਉ ॥

35001	820	ਭਗਤ ਜਨਾ ਕੀ ਬੇਨਤੀ ਸੁਣੀ ਪ੍ਰਭਿ ਆਪਿ॥		Bhagath Janaa Kee Baenathee Sunee Prabh Aap ||	God Himself has heard the prayers of His humble devotees.	ਹੇ ਭਾਈ! ਉਸ ਪ੍ਰਭੂ ਨੇ ਆਪਣੇ ਭਗਤਾਂ ਦੀ ਅਰਜ਼ੋਈ (ਸਦਾ) ਸੁਣੀ ਹੈ
35002	820	ਰੋਗ ਮਿਟਾਇ ਜੀਵਾਲਿਅਨੁ ਜਾ ਕਾ ਵਡ ਪਰਤਾਪੁ॥੧॥		Rog Mittaae Jeevaalian Jaa Kaa Vadd Parathaap ||1||	He dispelled my disease, and rejuvenated me; His glorious radiance is so great! ||1||	ਜਿਸ ਦਾ (ਸਭ ਤੋਂ) ਵੱਡਾ ਤੇਜ-ਪ੍ਰਤਾਪ ਹੈ। (ਉਹ ਪ੍ਰਭੂ ਨੇ ਹੀ ਭਗਤਾਂ ਦੇ ਅੰਦਰੋਂ) ਰੋਗ ਮਿਟਾ ਕੇ ਉਹਨਾਂ ਨੂੰ ਆਤਮਕ ਜੀਵਨ ਦੀ ਦਾਤ ਬਖ਼ਸ਼ੀ ਹੈ ॥੧॥
35003	820	ਦੋਖ ਹਮਾਰੇ ਬਖਸਿਅਨੁ ਅਪਣੀ ਕਲ ਧਾਰੀ॥		Dhokh Hamaarae Bakhasian Apanee Kal Dhhaaree ||	He has forgiven me for my sins, and interceded with His power.	ਹੇ ਭਾਈ! ਉਸ ਪ੍ਰਭੂ-ਪਿਤਾ ਨੇ ਅਸਾਂ ਬੱਚਿਆਂ ਦੇ ਐਬ ਸਦਾ ਬਖ਼ਸ਼ੇ ਹਨ, ਅਤੇ ਸਾਡੇ ਅੰਦਰ ਆਪਣੇ ਨਾਮ ਦੀ ਤਾਕਤ ਭਰੀ ਹੈ।
35004	820	ਮਨ ਬਾਂਛਤ ਫਲ ਦਿਤਿਅਨੁ ਨਾਨਕ ਬਲਿਹਾਰੀ॥੨॥੧੬॥੮੦॥		Man Baanshhath Fal Dhithian Naanak Balihaaree ||2||16||80||	I have been blessed with the fruits of my mind's desires; Nanak is a sacrifice to Him. ||2||16||80||	ਹੇ ਨਾਨਕ! ਪ੍ਰਭੂ-ਪਿਤਾ ਨੇ ਅਸਾਂ ਬੱਚਿਆਂ ਨੂੰ ਸਦਾ ਮਨ-ਮੰਗੇ ਫਲ ਦਿੱਤੇ ਹਨ, ਉਸ ਪ੍ਰਭੂ ਤੋਂ ਸਦਾ ਸਦਕੇ ਜਾਣਾ ਚਾਹੀਦਾ ਹੈ ॥੨॥੧੬॥੮੦॥
35005	820	ਰਾਗੁ ਬਿਲਾਵਲੁ ਮਹਲਾ ੫ ਚਉਪਦੇ ਦੁਪਦੇ ਘਰੁ ੬		Raag Bilaaval Mehalaa 5 Choupadhae Dhupadhae Ghar 6	Raag Bilaaval, Fifth Mehl, Chau-Padas And Du-Padas, Sixth House:	ਰਾਗ ਬਿਲਾਵਲੁ, ਘਰ ੬ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।

35006	820	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
35007	820	ਮੇਰੇ ਮੋਹਨ ਸ੍ਰਵਨੀ ਇਹ ਨ ਸੁਨਾਏ॥		Maerae Mohan Sravanee Eih N Sunaaeae ||	O my fascinating Lord, let me not listen to the faithless cynic,	ਹੇ ਮੇਰੇ ਮੋਹਨ! ਇਹੋ ਜਿਹੇ (ਪਰਮਾਤਮਾ ਤੋਂ ਬੇਮੁਖ ਕਰਨ ਵਾਲੇ) ਬੋਲ ਮੇਰੀ ਕੰਨੀਂ ਨਾਹ ਪੈਣ।
35008	820	ਸਾਕਤ ਗੀਤ ਨਾਦ ਧੁਨਿ ਗਾਵਤ ਬੋਲਤ ਬੋਲ ਅਜਾਏ॥੧॥ਰਹਾਉ॥		Saakath Geeth Naadh Dhun Gaavath Bolath Bol Ajaaeae ||1|| Rehaao ||	Singing his songs and tunes, and chanting his useless words. ||1||Pause||	ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ (ਜੇਹੜੇ ਗੰਦੇ) ਗੀਤਾਂ ਨਾਦਾਂ ਧੁਨੀਆਂ ਦੇ ਬੋਲ ਬੋਲਦੇ ਹਨ ਅਤੇ ਗਾਂਦੇ ਹਨ ਉਹ (ਆਤਮਕ ਜੀਵਨ ਵਾਸਤੇ) ਵਿਅਰਥ ਹਨ ॥੧॥ ਰਹਾਉ ॥
35009	820	ਸੇਵਤ ਸੇਵਿ ਸੇਵਿ ਸਾਧ ਸੇਵਉ ਸਦਾ ਕਰਉ ਕਿਰਤਾਏ॥		Saevath Saev Saev Saadhh Saevo Sadhaa Karo Kirathaaeae ||	I serve, serve, serve, serve the Holy Saints; forever and ever, I do this.	ਮੈਂ ਸਦਾ ਹੀ ਹਰ ਵੇਲੇ ਗੁਰੂ ਦੀ ਸਰਨ ਪਿਆ ਰਹਾਂ, ਮੈਂ ਸਦਾ ਇਹੀ ਕਾਰ ਕਰਦਾ ਰਹਾਂ।
35010	820	ਅਭੈ ਦਾਨੁ ਪਾਵਉ ਪੁਰਖ ਦਾਤੇ ਮਿਲਿ ਸੰਗਤਿ ਹਰਿ ਗੁਣ ਗਾਏ॥੧॥		Abhai Dhaan Paavo Purakh Dhaathae Mil Sangath Har Gun Gaaeae ||1||	The Primal Lord, the Great Giver, has blessed me with the gift of fearlessness. Joining the Company of the Holy, I sing the Glorious Praises of the Lord. ||1||	ਹੇ ਸਰਬ-ਵਿਆਪਕ ਦਾਤਾਰ! ਹੇ ਹਰੀ! (ਮੇਹਰ ਕਰ) ਗੁਰੂ ਦੀ ਸੰਗਤਿ ਵਿਚ ਮਿਲ ਕੇ, ਤੇਰੇ ਗੁਣ ਗਾ ਕੇ ਮੈਂ (ਤੇਰੇ ਦਰ ਤੋਂ) ਨਿਰਭੈਤਾ ਦੀ ਦਾਤ ਪ੍ਰਾਪਤ ਕਰਾਂ ॥੧॥

35011	820	ਰਸਨਾ ਅਗਹ ਅਗਹ ਗੁਨ ਰਾਤੀ ਨੈਨ ਦਰਸ ਰੰਗੁ ਲਾਏ॥		Rasanaa Ageh Ageh Gun Raathee Nain Dharas Rang Laaeae ||	My tongue is imbued with the Praises of the inaccessible and unfathomable Lord, and my eyes are drenched with the Blessed Vision of His Darshan.	ਮੇਰੀਆਂ ਅੱਖਾਂ ਤੇਰੇ ਦਰਸਨ ਦਾ ਆਨੰਦ ਮਾਣ ਮਾਣ ਕੇ ਮੇਰੀ ਜੀਭ ਤੈਂ ਅਪਹੁੰਚ ਦੇ ਗੁਣਾਂ ਵਿਚ ਰੱਤੀ ਰਹੇ।
35012	820	ਹੋਹੁ ਕ੍ਰਿਪਾਲ ਦੀਨ ਦੁਖਭੰਜਨ ਮੋਹਿ ਚਰਣ ਰਿਦੈ ਵਸਾਏ॥੨॥		Hohu Kirapaal Dheen Dhukh Bhanjan Mohi Charan Ridhai Vasaaeae ||2||	Be Merciful to me, O Destroyer of the pains of the meek, that I may enshrine Your Lotus Feet within my heart. ||2||	ਹੇ ਦੀਨਾਂ ਦੇ ਦੁੱਖ ਦੂਰ ਕਰਨ ਵਾਲੇ! (ਮੇਰੇ ਉਤੇ) ਦਇਆਵਾਨ ਹੋ, ਆਪਣੇ ਚਰਨ ਮੇਰੇ ਹਿਰਦੇ ਵਿਚ ਵਸਾਈ ਰੱਖ ॥੨॥
35013	820	ਸਭਹੂ ਤਲੈ ਤਲੈ ਸਭ ਊਪਰਿ ਏਹ ਦ੍ਰਿਸਟਿ ਦ੍ਰਿਸਟਾਏ॥		Sabhehoo Thalai Thalai Sabh Oopar Eaeh Dhrisatt Dhrisattaaeae ||	Beneath all, and above all; this is the vision I saw.	ਹੇ ਮੋਹਨ! ਮੇਰੀ ਨਿਗਾਹ ਵਿਚ ਇਹੋ ਜਿਹੀ ਜੋਤਿ ਪੈਦਾ ਕਰ ਕਿ ਮੈਂ ਆਪਣੇ ਆਪ ਨੂੰ ਸਭ ਨਾਲੋਂ ਨੀਵਾਂ ਸਮਝਾਂ ਅਤੇ ਸਭ ਨੂੰ ਆਪਣੇ ਨਾਲੋਂ ਉੱਚਾ ਜਾਣਾਂ।
35014	820	ਅਭਿਮਾਨੁ ਖੋਇ ਖੋਇ ਖੋਇ ਖੋਈਹਉ ਮੋਕਉ ਸਤਿਗੁਰ ਮੰਤ੍ਰੁ ਦ੍ਰਿੜਾਏ॥੩॥	(ਖੋਇ)ਨਾਸ਼। (ਖੋਈਹਉ)ਨਾਸ਼ ਕੀਤਾ ਹੈ	Abhimaan Khoe Khoe Khoe Khoee Ho Mo Ko Sathigur Manthra Dhrirraaeae ||3||	I have destroyed, destroyed, destroyed my pride, since the True Guru implanted His Mantra within me. ||3||	ਹੇ ਮੋਹਨ! ਮੇਰੇ ਹਿਰਦੇ ਵਿਚ ਗੁਰੂ ਦਾ ਉਪਦੇਸ਼ ਪੱਕਾ ਕਰ ਦੇ, ਤਾ ਕਿ ਮੈਂ ਸਦਾ ਲਈ ਆਪਣੇ ਅੰਦਰੋਂ ਅਹੰਕਾਰ ਦੂਰ ਕਰ ਦਿਆਂ ॥੩॥

35015	820	ਅਤੁਲੁ ਅਤੁਲੁ ਅਤੁਲੁ ਨਹ ਤੁਲੀਐ ਭਗਤਿ ਵਛਲੁ ਕਿਰਪਾਏ॥	ਅ-ਤੁੱਲੁ	Athul Athul Athul Neh Thuleeai Bhagath Vashhal Kirapaaeae ||	Immeasurable, immeasurable, immeasurable is the Merciful Lord; he cannot be weighed. He is the Lover of His devotees.	ਹੇ ਮੋਹਨ! ਤੂੰ ਅਤੁੱਲ ਹੈਂ, ਤੂੰ ਅਤੁੱਲ ਹੈਂ, ਤੂੰ ਅਤੁੱਲ ਹੈਂ, (ਤੇਰੇ ਵਡੱਪਣ ਨੂੰ) ਤੋਲਿਆ ਨਹੀਂ ਜਾ ਸਕਦਾ, ਤੂੰ ਭਗਤੀ ਨੂੰ ਪਿਆਰ ਕਰਨ ਵਾਲਾ ਹੈਂ, ਤੂੰ ਸਭ ਉਤੇ ਕਿਰਪਾ ਕਰਦਾ ਹੈਂ।
35016	820	ਜੋ ਜੋ ਸਰਣਿ ਪਰਿਓ ਗੁਰ ਨਾਨਕ ਅਭੈ ਦਾਨੁ ਸੁਖ ਪਾਏ॥੪॥੧॥੮੧॥		Jo Jo Saran Pariou Gur Naanak Abhai Dhaan Sukh Paaeae ||4||1||81||	Whoever enters the Sanctuary of Guru Nanak, is blessed with the gifts of fearlessness and peace. ||4||||1||81||	ਹੇ ਨਾਨਕ! (ਮੋਹਨ-ਪ੍ਰਭੂ ਦੀ ਕਿਰਪਾ ਨਾਲ) ਜੇਹੜਾ ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਨਿਰਭੈਤਾ ਦੀ ਦਾਤ ਹਾਸਲ ਕਰ ਲੈਂਦਾ ਹੈ, ਉਹ ਸਦਾ ਆਤਮਕ ਆਨੰਦ ਮਾਣਦਾ ਹੈ ॥੪॥੧॥੮੧॥
35017	820	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35018	820	ਪ੍ਰਭ ਜੀ ਤੂ ਮੇਰੇ ਪ੍ਰਾਨ ਅਧਾਰੈ॥		Prabh Jee Thoo Maerae Praan Adhhaarai ||	O Dear God, You are the Support of my breath of life.	ਹੇ ਪ੍ਰਭੂ! ਤੂੰ (ਹੀ) ਮੇਰੀ ਜਿੰਦ ਦਾ ਸਹਾਰਾ ਹੈਂ।
35019	820	ਨਮਸਕਾਰ ਡੰਡਉਤਿ ਬੰਦਨਾ ਅਨਿਕ ਬਾਰ ਜਾਉ ਬਾਰੈ॥੧॥ਰਹਾਉ॥		Namasakaar Ddanddouth Bandhanaa Anik Baar Jaao Baarai ||1|| Rehaao ||	I how in humility and reverence to You; so many times, I am a sacrifice. ||1||Pause||	ਹੇ ਪ੍ਰਭੂ! ਮੈਂ ਤੇਰੇ ਹੀ ਅੱਗੇ ਨਮਸਕਾਰ ਕਰਦਾ ਹਾਂ, ਚੁਫਾਲ ਲੰਮਾ ਪੈ ਕੇ ਨਮਸਕਾਰ ਕਰਦਾ ਹਾਂ। ਮੈਂ ਅਨੇਕਾਂ ਵਾਰੀ ਤੈਥੋਂ ਸਦਕੇ ਜਾਂਦਾ ਹਾਂ ॥੧॥ ਰਹਾਉ ॥

35020	820	ਊਠਤ ਬੈਠਤ ਸੋਵਤ ਜਾਗਤ ਇਹੁ ਮਨੁ ਤੁਝਹਿ ਚਿਤਾਰੈ॥		Oothath Baithath Sovath Jaagath Eihu Man Thujhehi Chithaarai ||	Sitting down, standing up, sleeping and waking, this mind thinks of You.	ਹੇ ਪ੍ਰਭੂ! ਉਠਦਿਆਂ ਬਹਿੰਦਿਆਂ, ਸੁੱਤਿਆਂ, ਜਾਗਦਿਆਂ (ਹਰ ਵੇਲੇ) ਮੇਰਾ ਇਹ ਮਨ ਤੈਨੂੰ ਹੀ ਯਾਦ ਕਰਦਾ ਰਹਿੰਦਾ ਹੈ।
35021	820	ਸੂਖ ਦੂਖ ਇਸੁ ਮਨ ਕੀ ਬਿਰਥਾ ਤੁਝ ਹੀ ਆਗੈ ਸਾਰੈ॥੧॥		Sookh Dhookh Eis Man Kee Birathhaa Thujh Hee Aagai Saarai ||1||	I describe to You my pleasure and pain, and the state of this mind. ||1||	ਮੇਰਾ ਇਹ ਮਨ ਆਪਣੇ ਸੁਖ ਆਪਣੇ ਦੁੱਖ ਆਪਣੀ ਹਰੇਕ ਪੀੜਾ ਤੇਰੇ ਹੀ ਅੱਗੇ ਪੇਸ਼ ਕਰਦਾ ਹੈ ॥੧॥
35022	820	ਤੂ ਮੇਰੀ ਓਟ ਬਲ ਬੁਧਿ ਧਨੁ ਤੁਮ ਹੀ ਤੁਮਹਿ ਮੇਰੈ ਪਰਵਾਰੈ॥		Thoo Maeree Outt Bal Budhh Dhhan Thum Hee Thumehi Maerai Paravaarai ||	You are my shelter and support, power, intellect and wealth; You are my family.	ਹੇ ਪ੍ਰਭੂ! ਤੂੰ ਹੀ ਮੇਰਾ ਸਹਾਰਾ ਹੈਂ, ਤੂੰ ਹੀ ਮੇਰਾ ਤਾਣ ਹੈਂ, ਤੂੰ ਹੀ ਮੇਰੀ ਅਕਲ ਹੈਂ, ਤੂੰ ਹੀ ਮੇਰਾ ਧਨ ਹੈਂ, ਅਤੇ ਤੂੰ ਹੀ ਮੇਰੇ ਵਾਸਤੇ ਮੇਰਾ ਪਰਵਾਰ ਹੈਂ।
35023	820	ਜੋ ਤੁਮ ਕਰਹੁ ਸੋਈ ਭਲ ਹਮਰੈ ਪੇਖਿ ਨਾਨਕ ਸੁਖ ਚਰਨਾਰੈ॥੨॥੨॥੮੨॥		Jo Thum Karahu Soee Bhal Hamarai Paekh Naanak Sukh Charanaarai ||2||2||82||	Whatever You do, I know that is good. Gazing upon Your Lotus Feet, Nanak is at peace. ||2||2||82||	ਹੇ ਨਾਨਕ! (ਆਖ-ਹੇ ਪ੍ਰਭੂ!) ਜੋ ਕੁਝ ਤੂੰ ਕਰਦਾ ਹੈਂ, ਮੇਰੇ ਵਾਸਤੇ ਉਹੀ ਭਲਾਈ ਹੈ। ਤੇਰੇ ਚਰਨਾਂ ਦਾ ਦਰਸਨ ਕਰ ਕੇ ਮੈਨੂੰ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ॥੨॥੨॥੮੨॥
35024	820	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

35025	820	ਸੁਨੀਅਤ ਪ੍ਰਭ ਤਉ ਸਗਲ ਉਧਾਰਨ॥	ਉ-ਧਾਰਨ	Suneeath Prabh Tho Sagal Oudhhaaran ||	I have heard that God is the Savior of all.	ਹੇ ਪ੍ਰਭੂ! ਤੇਰੀ ਬਾਬਤ ਸੁਣੀਦਾ ਹੈ ਕਿ ਤੂੰ ਸਾਰੇ ਜੀਵਾਂ ਨੂੰ ਵਿਕਾਰਾਂ ਤੋਂ ਬਚਾਣ ਵਾਲਾ ਹੈਂ,
35026	820	ਮੋਹ ਮਗਨ ਪਤਿਤ ਸੰਗਿ ਪ੍ਰਾਨੀ ਐਸੇ ਮਨਹਿ ਬਿਸਾਰਨ॥੧॥ਰਹਾਉ ॥		Moh Magan Pathith Sang Praanee Aisae Manehi Bisaaran ||1|| Rehaao ||	Intoxicated by attachment, in the company of sinners, the mortal has forgotten such a Lord from his mind. ||1||Pause||	(ਤੂੰ ਉਹਨਾਂ ਨੂੰ ਭੀ ਬਚਾ ਲੈਂਦਾ ਹੈਂ, ਜੇਹੜੇ) ਮੋਹ ਵਿਚ ਡੁੱਬੇ ਹੋਏ ਵਿਕਾਰਾਂ ਵਿਚ ਡਿੱਗੇ ਹੋਏ ਪ੍ਰਾਣੀਆਂ ਨਾਲ ਬਹਿਣ-ਖਲੋਣ ਰੱਖਦੇ ਹਨ ਅਤੇ ਬੜੀ ਬੇ-ਪਰਵਾਹੀ ਨਾਲ ਤੈਨੂੰ ਮਨ ਤੋਂ ਭੁਲਾਈ ਰੱਖਦੇ ਹਨ ॥੧॥ ਰਹਾਉ ॥
35027	820	ਸੰਚਿ ਬਿਖਿਆ ਲੇ ਗ੍ਰਾਹਜੁ ਕੀਨੀ ਅੰਮ੍ਰਿਤੁ ਮਨ ਤੇ ਡਾਰਨ॥	(ਗ੍ਰਾਹਜ)ਗ੍ਰਹਿਣ। (ਕੀਨੀ)ਕਰ ਲਈ	Sanch Bikhiaa Lae Graahaj Keenee Anmrith Man Thae Ddaaran ||	He has collected poison, and grasped it firmly. But he has cast out the Ambrosial Nectar from his mind.	ਹੇ ਪ੍ਰਭੂ! (ਤੇਰੇ ਪੈਦਾ ਕੀਤੇ ਜੀਵ) ਮਾਇਆ ਇਕੱਠੀ ਕਰ ਕੇ ਹੀ ਇਸ ਨੂੰ ਗ੍ਰਹਿਣ ਕਰਨ-ਜੋਗ ਬਣਾਂਦੇ ਹਨ, ਪਰ ਆਤਮਕ ਜੀਵਨ ਦੇਣ ਵਾਲਾ ਤੇਰਾ ਨਾਮ-ਜਲ ਆਪਣੇ ਮਨ ਤੋਂ ਪਰੇ ਸੁੱਟ ਦੇਂਦੇ ਹਨ।
35028	820	ਕਾਮ ਕ੍ਰੋਧ ਲੋਭ ਰਤੁ ਨਿੰਦਾ ਸਤੁ ਸੰਤੋਖੁ ਬਿਦਾਰਨ॥੧॥		Kaam Krodhh Lobh Rath Nindhaa Sath Santhokh Bidhaaran ||1||	He is imbued with sexual desire, anger, greed and slander; he has abandoned truth and contentment. ||1||	ਜੀਵ ਕਾਮ ਕ੍ਰੋਧ ਲੋਭ ਨਿੰਦਾ (ਆਦਿਕ ਵਿਕਾਰਾਂ) ਵਿਚ ਮਸਤ ਰਹਿੰਦੇ ਹਨ ਅਤੇ ਸੇਵਾ ਸੰਤੋਖ ਆਦਿਕ ਗੁਣਾਂ ਨੂੰ ਲੀਰ-ਲੀਰ ਕਰ ਰਹੇ ਹਨ (ਮੇਹਰ ਕਰ, ਇਹਨਾਂ ਨੂੰ ਵਿਕਾਰਾਂ ਤੋਂ ਬਚਾ ਲੈ) ॥੧॥

35029	820	ਇਨ ਤੇ ਕਾਢਿ ਲੇਹੁ ਮੇਰੇ ਸੁਆਮੀ ਹਾਰਿ ਪਰੇ ਤੁਮ੍ਹ ਸਾਰਨ॥		Ein Thae Kaadt Laehu Maerae Suaamee Haar Parae Thumh Saaran ||	Lift me up, and pull me out of these, O my Lord and Master. I have entered Your Sanctuary.	ਹੇ ਮੇਰੇ ਮਾਲਕ-ਪ੍ਰਭੂ! ਇਹਨਾਂ ਵਿਕਾਰਾਂ ਤੋਂ ਸਾਨੂੰ ਬਚਾ ਲੈ (ਸਾਡੀ ਇਹਨਾਂ ਦੇ ਟਾਕਰੇ ਤੇ ਪੇਸ਼ ਨਹੀਂ ਜਾਂਦੀ) ਹਾਰ ਕੇ ਤੇਰੀ ਸਰਨ ਆ ਪਏ ਹਾਂ।
35030	820	ਨਾਨਕ ਕੀ ਬੇਨੰਤੀ ਪ੍ਰਭ ਪਹਿ ਸਾਧਸੰਗਿ ਰੰਕ ਤਾਰਨ॥੨॥੩॥੮੩॥	ਬੇ-ਨੰਤੀ	Naanak Kee Baenanthee Prabh Pehi Saadhhasang Rank Thaaran ||2||3||83||	Nanak prays to God: I am a poor beggar; carry me across, in the Saadh Sangat, the Company of the Holy. ||2||3||83||	ਹੇ ਪ੍ਰਭੂ! (ਤੇਰੇ ਦਰ ਦੇ ਸੇਵਕ) ਨਾਨਕ ਦੀ (ਤੇਰੇ ਅੱਗੇ) ਅਰਜ਼ੋਈ ਹੈ ਕਿ ਤੂੰ ਆਤਮਕ ਜੀਵਨ ਤੋਂ ਉੱਕੇ ਸੱਖਣੇ ਬੰਦਿਆਂ ਨੂੰ ਭੀ ਸਾਧ ਸੰਗਤਿ ਵਿਚ ਲਿਆ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈਂ ॥੨॥੩॥੮੩॥
35031	820	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35032	820	ਸੰਤਨ ਕੈ ਸੁਨੀਅਤ ਪ੍ਰਭ ਕੀ ਬਾਤ॥		Santhan Kai Suneeath Prabh Kee Baath ||	I listen to God's Teachings from the Saints.	ਹੇ ਭਾਈ! ਸਾਧ ਸੰਗਤਿ ਵਿਚ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਕਥਾ-ਵਾਰਤਾ (ਸਦਾ) ਸੁਣੀ ਜਾਂਦੀ ਹੈ।
35033	820	ਕਥਾ ਕੀਰਤਨੁ ਆਨੰਦ ਮੰਗਲ ਧੁਨਿ ਪੂਰਿ ਰਹੀ ਦਿਨਸੁ ਅਰੁ ਰਾਤਿ॥੧॥ਰਹਾਉ॥		Kathhaa Keerathan Aanandh Mangal Dhhun Poor Rehee Dhinas Ar Raath ||1|| Rehaao ||	The Lord's Sermon, the Kirtan of His Praises and the songs of bliss perfectly resonate, day and night. ||1||Pause||	ਉਥੇ ਦਿਨ ਰਾਤ ਹਰ ਵੇਲੇ ਪ੍ਰਭੂ ਦੀਆਂ ਕਥਾ-ਕਹਾਣੀਆਂ ਹੁੰਦੀਆਂ ਹਨ, ਕੀਰਤਨ ਹੁੰਦਾ ਹੈ, ਆਤਮਕ ਆਨੰਦ-ਹੁਲਾਰਾ ਪੈਦਾ ਕਰਨ ਵਾਲੀ ਰੌ ਸਦਾ ਚਲੀ ਰਹਿੰਦੀ ਹੈ ॥੧॥ ਰਹਾਉ ॥

35034	820	ਕਰਿ ਕਿਰਪਾ ਅਪਨੇ ਪ੍ਰਭਿ ਕੀਨੇ ਨਾਮ ਅਪੁਨੇ ਕੀ ਕੀਨੀ ਦਾਤਿ॥		Kar Kirapaa Apanae Prabh Keenae Naam Apunae Kee Keenee Dhaath ||	In His Mercy, God has made them His own, and blessed them with the gift of His Name.	ਹੇ ਭਾਈ! ਸੰਤ ਜਨਾਂ ਨੂੰ ਪ੍ਰਭੂ ਨੇ ਮੇਹਰ ਕਰ ਕੇ ਆਪਣੇ ਸੇਵਕ ਬਣਾ ਲਿਆ ਹੁੰਦਾ ਹੈ, ਉਹਨਾਂ ਨੂੰ ਆਪਣੇ ਨਾਮ ਦੀ ਦਾਤ ਬਖ਼ਸ਼ੀ ਹੁੰਦੀ ਹੈ।
35035	820	ਆਠ ਪਹਰ ਗੁਨ ਗਾਵਤ ਪ੍ਰਭ ਕੇ ਕਾਮ ਕ੍ਰੋਧ ਇਸੁ ਤਨ ਤੇ ਜਾਤ॥੧॥		Aath Pehar Gun Gaavath Prabh Kae Kaam Krodhh Eis Than Thae Jaath ||1||	Twenty-four hours a day, I sing the Glorious Praises of God. Sexual desire and anger have left this body. ||1||	ਅੱਠੇ ਪਹਿਰ ਪ੍ਰਭੂ ਦੇ ਗੁਣ ਗਾਂਦਿਆਂ ਗਾਂਦਿਆਂ (ਉਹਨਾਂ ਦੇ) ਇਸ ਸਰੀਰ ਵਿਚੋਂ ਕਾਮ ਕ੍ਰੋਧ (ਆਦਿਕ ਵਿਕਾਰ) ਦੂਰ ਹੋ ਜਾਂਦੇ ਹਨ ॥੧॥
35036	821	ਤ੍ਰਿਪਤਿ ਅਘਾਏ ਪੇਖਿ ਪ੍ਰਭ ਦਰਸਨੁ ਅੰਮ੍ਰਿਤ ਹਰਿ ਰਸੁ ਭੋਜਨੁ ਖਾਤ॥		Thripath Aghaaeae Paekh Prabh Dharasan Anmrith Har Ras Bhojan Khaath ||	I am satisfied and satiated, gazing upon the Blessed Vision of God's Darshan. I eat the Ambrosial Nectar of the Lord's sublime food.	ਹੇ ਭਾਈ! ਸੰਤ ਜਨ ਪ੍ਰਭੂ ਦਾ ਦਰਸਨ ਕਰ ਕੇ (ਮਾਇਆ ਦੀ ਤ੍ਰਿਸਨਾ ਵਲੋਂ) ਪੂਰੇ ਤੌਰ ਤੇ ਰੱਜੇ ਰਹਿੰਦੇ ਹਨ, ਸੰਤ ਜਨ ਸਦਾ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਦਾ ਸੁਆਦਲਾ ਭੋਜਨ ਖਾਂਦੇ ਹਨ।
35037	821	ਚਰਨ ਸਰਨ ਨਾਨਕ ਪ੍ਰਭ ਤੇਰੀ ਕਰਿ ਕਿਰਪਾ ਸੰਤਸੰਗਿ ਮਿਲਾਤ॥੨॥੪॥੮੪॥		Charan Saran Naanak Prabh Thaeree Kar Kirapaa Santhasang Milaath ||2||4||84||	Nanak seeks the Sanctuary of Your Feet, O God; in Your Mercy, unite him with the Society of the Saints. ||2||4||84||	ਹੇ ਨਾਨਕ! (ਆਖ-) ਹੇ ਪ੍ਰਭੂ! ਜੇਹੜੇ ਮਨੁੱਖ ਤੇਰੇ ਚਰਨਾਂ ਦੀ ਸਰਨ ਪੈਂਦੇ ਹਨ, ਤੂੰ ਕਿਰਪਾ ਕਰ ਕੇ ਉਹਨਾਂ ਨੂੰ ਸੰਤ ਜਨਾਂ ਦੀ ਸੰਗਤਿ ਵਿਚ ਮਿਲਾ ਦੇਂਦਾ ਹੈਂ ॥੨॥੪॥੮੪॥

35038	821	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35039	821	ਰਾਖਿ ਲੀਏ ਅਪਨੇ ਜਨ ਆਪ॥		Raakh Leeeae Apanae Jan Aap ||	He Himself has saved His humble servant.	ਹੇ ਭਾਈ! ਪਰਮਾਤਮਾ ਨੇ ਆਪਣੇ ਸੇਵਕਾਂ ਦੀ ਸਦਾ ਹੀ ਰੱਖਿਆ ਕੀਤੀ ਹੈ।
35040	821	ਕਰਿ ਕਿਰਪਾ ਹਰਿ ਹਰਿ ਨਾਮੁ ਦੀਨੋ ਬਿਨਸਿ ਗਏ ਸਭ ਸੋਗ ਸੰਤਾਪ॥੧॥ਰਹਾਉ॥		Kar Kirapaa Har Har Naam Dheeno Binas Geae Sabh Sog Santhaap ||1|| Rehaao ||	In His Mercy, the Lord, Har, Har, has blessed me with His Name, and all my pains and afflictions have been dispelled. ||1||Pause||	ਮੇਹਰ ਕਰ ਕੇ (ਆਪਣੇ ਸੇਵਕਾਂ ਨੂੰ) ਆਪਣੇ ਨਾਮ ਦੀ ਦਾਤ ਦੇਂਦਾ ਆਇਆ ਹੈ (ਜਿਨ੍ਹਾਂ ਨੂੰ ਨਾਮ ਦੀ ਦਾਤ ਬਖ਼ਸ਼ਦਾ ਹੈ ਉਹਨਾਂ ਦੇ) ਸਾਰੇ ਚਿੰਤਾ-ਫ਼ਿਕਰ ਤੇ ਦੁੱਖ-ਕਲੇਸ਼ ਨਾਸ ਹੋ ਜਾਂਦੇ ਹਨ ॥੧॥ ਰਹਾਉ ॥
35041	821	ਗੁਣ ਗੋਵਿੰਦ ਗਾਵਹੁ ਸਭਿ ਹਰਿ ਜਨ ਰਾਗ ਰਤਨ ਰਸਨਾ ਆਲਾਪ॥		Gun Govindh Gaavahu Sabh Har Jan Raag Rathan Rasanaa Aalaap ||	Sing the Glorious Praises of the Lord of the Universe, all you humble servants of the Lord; chant the jewels, the songs of the Lord with your tongue.	ਹੇ ਸੰਤ ਜਨੋ! ਸਾਰੇ (ਰਲ ਕੇ) ਪ੍ਰਭੂ ਦੇ ਗੁਣ ਗਾਂਦੇ ਰਿਹਾ ਕਰੋ, ਜੀਭ ਨਾਲ ਸੋਹਣੇ ਰਾਗਾਂ ਦੀ ਰਾਹੀਂ ਉਸ ਦੇ ਗੁਣਾਂ ਦਾ ਉਚਾਰਣ ਕਰਦੇ ਰਿਹਾ ਕਰੋ।

35042	821	ਕੋਟਿ ਜਨਮ ਕੀ ਤ੍ਰਿਸਨਾ ਨਿਵਾਰੀ ਰਾਮ ਰਸਾਇਣਿ ਆਤਮ ਧ੍ਰਾਪ॥੧॥		Kott Janam Kee Thrisanaa Nivaree Raam Rasaaein Aatham Dhhraap ||1||	The desires of millions of incarnations shall be quenched, and your soul shall be satisfied with the sweet, sublime essence of the Lord. ||1||	(ਜੇਹੜੇ ਮਨੁੱਖ ਪ੍ਰਭੂ ਦੇ ਗੁਣਾਂ ਦਾ ਉਚਾਰਨ ਕਰਦੇ ਹਨ, ਉਹਨਾਂ ਦੀ) ਕ੍ਰੋੜਾਂ ਜਨਮਾਂ ਦੀ (ਮਾਇਆ ਦੀ) ਤ੍ਰਿਸ਼ਨਾ ਦੂਰ ਹੋ ਜਾਂਦੀ ਹੈ, ਸਭ ਰਸਾਂ ਤੋਂ ਸ੍ਰੇਸ਼ਟ ਨਾਮ-ਰਸ ਦੀ ਬਰਕਤਿ ਨਾਲ ਉਹਨਾਂ ਦਾ ਮਨ ਰੱਜ ਜਾਂਦਾ ਹੈ ॥੧॥
35043	821	ਚਰਣ ਗਹੇ ਸਰਣਿ ਸੁਖਦਾਤੇ ਗੁਰ ਕੈ ਬਚਨਿ ਜਪੇ ਹਰਿ ਜਾਪ॥		Charan Gehae Saran Sukhadhaathae Gur Kai Bachan Japae Har Jaap ||	I have grasped the Sanctuary of the Lord's Feet; He is the Giver of peace; through the Word of the Guru's Teachings, I meditate and chant the Chant of the Lord.	ਹੇ ਭਾਈ! ਜੇਹੜੇ ਮਨੁੱਖ ਸੁਖਾਂ ਦੇ ਦੇਣ ਵਾਲੇ ਪ੍ਰਭੂ ਦੇ ਚਰਨ ਫੜੀ ਰੱਖਦੇ ਹਨ, ਸੁਖਦਾਤੇ ਪ੍ਰਭੂ ਦੀ ਸਰਨ ਪਏ ਰਹਿੰਦੇ ਹਨ, ਗੁਰੂ ਦੇ ਉਪਦੇਸ਼ ਦੀ ਰਾਹੀਂ ਪ੍ਰਭੂ ਦੇ ਨਾਮ ਦਾ ਜਾਪ ਜਪਦੇ ਰਹਿੰਦੇ ਹਨ,
35044	821	ਸਾਗਰ ਤਰੇ ਭਰਮ ਭੈ ਬਿਨਸੇ ਕਹੁ ਨਾਨਕ ਠਾਕੁਰ ਪਰਤਾਪ॥੨॥੫॥੮੫॥		Saagar Tharae Bharam Bhai Binasae Kahu Naanak Thaakur Parathaap ||2||5||85||	I have crossed over the world-ocean, and my doubt and fear are dispelled, says Nanak, through the glorious granduer of our Lord and Master. ||2||5||85||	ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ, ਉਹਨਾਂ ਦੇ ਸਾਰੇ ਡਰ ਭਰਮ ਨਾਸ ਹੋ ਜਾਂਦੇ ਹਨ। ਨਾਨਕ ਆਖਦਾ ਹੈ- ਇਹ ਸਾਰੀ ਵਡਿਆਈ ਮਾਲਕ-ਪ੍ਰਭੂ ਦੀ ਹੀ ਹੈ ॥੨॥੫॥੮੫॥
35045	821	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

35046	821	ਤਾਪੁ ਲਾਹਿਆ ਗੁਰ ਸਿਰਜਨਹਾਰਿ॥		Thaap Laahiaa Gur Sirajanehaar ||	Through the Guru, the Creator Lord has subdued the fever.	ਹੇ ਭਾਈ! ਗੁਰੂ ਨੇ ਕਰਤਾਰ ਨੇ (ਆਪ ਬਾਲਕ ਹਰਿਗੋਬਿੰਦ ਦਾ) ਤਾਪ ਉਤਾਰਿਆ ਹੈ।
35047	821	ਸਤਿਗੁਰ ਅਪਨੇ ਕਉ ਬਲਿ ਜਾਈ ਜਿਨਿ ਪੈਜ ਰਖੀ ਸਾਰੈ ਸੰਸਾਰਿ॥੧॥ਰਹਾਉ॥		Sathigur Apanae Ko Bal Jaaee Jin Paij Rakhee Saarai Sansaar ||1|| Rehaao ||	I am a sacrifice to my True Guru, who has saved the honor of the whole world. ||1||Pause||	ਮੈਂ ਆਪਣੇ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ, ਜਿਸ ਨੇ ਸਾਰੇ ਸੰਸਾਰ ਵਿਚ (ਮੇਰੀ) ਇੱਜ਼ਤ ਰੱਖ ਲਈ ਹੈ (ਨਹੀਂ ਤਾਂ, ਭਰਮੀ ਲੋਕ ਤਾਂ, ਸੀਤਲਾ ਦੇਵੀ ਆਦਿਕ ਦੀ ਪੂਜਾ ਵਾਸਤੇ ਬਥੇਰੀ ਪ੍ਰੇਰਨਾ ਕਰਦੇ ਰਹੇ) ॥੧॥ ਰਹਾਉ ॥
35048	821	ਕਰੁ ਮਸਤਕਿ ਧਾਰਿ ਬਾਲਿਕੁ ਰਖਿ ਲੀਨੋ॥		Kar Masathak Dhhaar Baalik Rakh Leeno ||	Placing His Hand on the child's forehead, He saved him.	ਹੇ ਭਾਈ! ਪ੍ਰਭੂ ਨੇ ਆਪਣਾ ਹੱਥ (ਬਾਲਕ ਦੇ) ਸਿਰ ਉਤੇ ਰੱਖ ਕੇ ਬਾਲਕ ਨੂੰ (ਤਾਪ ਤੋਂ) ਬਚਾ ਲਿਆ।
35049	821	ਪ੍ਰਭਿ ਅੰਮ੍ਰਿਤ ਨਾਮੁ ਮਹਾ ਰਸੁ ਦੀਨੋ॥੧॥		Prabh Anmrith Naam Mehaa Ras Dheeno ||1||	God blessed me with the supreme, sublime essence of the Ambrosial Naam. ||1||	(ਨਿਰਾ ਤਾਪ ਤੋਂ ਹੀ ਨਹੀਂ ਬਚਾਇਆ, ਅੱਨ-ਪੂਜਾ ਤੋਂ ਬਚਾ ਕੇ) ਪ੍ਰਭੂ ਨੇ ਆਤਮਕ ਜੀਵਨ ਦੇਣ ਵਾਲਾ ਤੇ ਸਭ ਤੋਂ ਸ੍ਰੇਸ਼ਟ ਰਸ ਵਾਲਾ ਆਪਣਾ ਨਾਮ ਭੀ ਦਿੱਤਾ ਹੈ ॥੧॥

35050	821	ਦਾਸ ਕੀ ਲਾਜ ਰਖੈ ਮਿਹਰਵਾਨੁ॥		Dhaas Kee Laaj Rakhai Miharavaan ||	The Merciful Lord saves the honor of His slave.	ਮਿਹਰਵਾਨ ਪ੍ਰਭੂ ਆਪਣੇ ਸੇਵਕ ਦੀ ਇੱਜ਼ਤ (ਜ਼ਰੂਰ) ਰੱਖਦਾ ਹੈ (ਸੋ, ਹੇ ਭਾਈ! ਦੁੱਖ-ਕਲੇਸ਼ ਵੇਲੇ ਘਬਰਾ ਕੇ ਹੋਰ ਹੋਰ ਆਸਰੇ ਨਾਹ ਭਾਲਦੇ ਫਿਰੋ)।
35051	821	ਗੁਰੁ ਨਾਨਕੁ ਬੋਲੈ ਦਰਗਹ ਪਰਵਾਨੁ॥੨॥੬॥੮੬॥		Gur Naanak Bolai Dharageh Paravaan ||2||6||86||	Guru Nanak speaks - it is confirmed in the Court of the Lord. ||2||6||86||	(ਹੇ ਭਾਈ! ਚੇਤਾ ਰੱਖ) ਗੁਰੂ ਨਾਨਕ (ਉਹੀ ਕੁਝ) ਆਖਦਾ ਹੈ (ਜੋ ਪਰਮਾਤਮਾ ਦੀ) ਦਰਗਾਹ ਵਿਚ ਪਰਵਾਨ ਹੈ ॥੨॥੬॥੮੬॥
35052	821	ਰਾਗੁ ਬਿਲਾਵਲੁ ਮਹਲਾ ੫ ਚਉਪਦੇ ਦੁਪਦੇ ਘਰੁ ੭		Raag Bilaaval Mehalaa 5 Choupadhae Dhupadhae Ghar 7	Raag Bilaaval, Fifth Mehl, Chau-Padas And Du-Padas, Seventh House:	ਰਾਗ ਬਿਲਾਵਲੁ, ਘਰ ੭ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
35053	821	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
35054	821	ਸਤਿਗੁਰ ਸਬਦਿ ਉਜਾਰੋ ਦੀਪਾ॥		Sathigur Sabadh Oujaaro Dheepaa ||	The Shabad, the Word of the True Guru, is the light of the lamp.	ਹੇ ਭਾਈ! ਜਿਸ ਮਨ-ਮੰਦਰ ਵਿਚ ਗੁਰੂ ਦੇ ਸ਼ਬਦ-ਦੀਵੇ ਦੀ ਰਾਹੀਂ (ਆਤਮਕ ਜੀਵਨ ਦਾ) ਚਾਨਣ ਜਾਂਦਾ ਹੈ,

35055	821	ਬਿਨਸਿਓ ਅੰਧਕਾਰ ਤਿਹ ਮੰਦਰਿ ਰਤਨ ਕੋਠੜੀ ਖੁਲ੍ਹੀ ਅਨੂਪਾ॥੧॥ਰਹਾਉ॥		Binasiou Andhhakaar Thih Mandhar Rathan Kotharree Khulhee Anoopaa ||1|| Rehaao ||	It dispels the darkness from the body-mansion, and opens the beautiful chamber of jewels. ||1||Pause||	ਉਸ ਮਨ-ਮੰਦਰ ਵਿਚ ਆਤਮਕ ਗੁਣ-ਰਤਨਾਂ ਦੀ ਬੜੀ ਸੁੰਦਰ ਕੋਠੜੀ ਖੁਲ੍ਹ ਜਾਂਦੀ ਹੈ (ਜਿਸ ਦੀ ਬਰਕਤਿ ਨਾਲ ਨੀਵੇਂ ਜੀਵਨ ਵਾਲੇ) ਹਨੇਰੇ ਦਾ ਉਥੋਂ ਨਾਸ ਹੋ ਜਾਂਦਾ ਹੈ ॥੧॥ ਰਹਾਉ ॥
35056	821	ਬਿਸਮਨ ਬਿਸਮ ਭਏ ਜਉ ਪੇਖਿਓ ਕਹਨੁ ਨ ਜਾਇ ਵਡਿਆਈ॥		Bisaman Bisam Bheae Jo Paekhiou Kehan N Jaae Vaddiaaee ||	I was wonderstruck and astonished, when I looked inside; I cannot even describe its glory and grandeur.	(ਗੁਰੂ ਸ਼ਬਦ-ਦੀਵੇ ਦੇ ਚਾਨਣ ਵਿਚ) ਜਦੋਂ (ਅੰਦਰ-ਵੱਸਦੇ) ਪ੍ਰਭੂ ਦਾ ਦਰਸ਼ਨ ਹੁੰਦਾ ਹੈ ਤਦੋਂ ਮੇਰ-ਤੇਰ ਵਾਲੀਆਂ ਸਭੇ ਸੁੱਧਾਂ ਭੁੱਲ ਜਾਂਦੀਆਂ ਹਨ, ਪਰ ਉਸ ਅਵਸਥਾ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ।
35057	821	ਮਗਨ ਭਏ ਊਹਾ ਸੰਗਿ ਮਾਤੇ ਓਤਿ ਪੋਤਿ ਲਪਟਾਈ॥੧॥		Magan Bheae Oohaa Sang Maathae Outh Poth Lapattaaee ||1||	I am intoxicated and enraptured with it, and I am wrapped in it, through and through. ||1||	ਜਿਵੇਂ ਤਾਣੇ ਪੇਟੇ ਦੇ ਧਾਗੇ ਆਪੋ ਵਿਚ ਮਿਲੇ ਹੁੰਦੇ ਹਨ, ਤਿਵੇਂ ਉਸ ਪ੍ਰਭੂ ਵਿਚ ਹੀ ਸੁਰਤ ਡੁੱਬ ਜਾਂਦੀ ਹੈ, ਉਸ ਪ੍ਰਭੂ ਦੇ ਚਰਨਾਂ ਨਾਲ ਹੀ ਮਸਤ ਹੋ ਜਾਈਦਾ ਹੈ, ਉਸ ਦੇ ਚਰਨਾਂ ਨਾਲ ਹੀ ਚੰਬੜ ਜਾਈਦਾ ਹੈ ॥੧॥

35058	821	ਆਲ ਜਾਲ ਨਹੀ ਕਛੂ ਜੰਜਾਰਾ ਅਹੰਬੁਧਿ ਨਹੀ ਭੋਰਾ॥	ਅਹੰ-ਬੁੱਧਿ	Aal Jaal Nehee Kashhoo Janjaaraa Ahanbudhh Nehee Bhoraa ||	No worldly entanglements or snares can trap me, and no trace of egotistical pride remains.	(ਹੇ ਭਾਈ! ਗੁਰੂ ਦੇ ਸ਼ਬਦ-ਦੀਵੇ ਨਾਲ ਜਦੋਂ ਮਨ-ਮੰਦਰ ਵਿਚ ਚਾਨਣ ਹੁੰਦਾ ਹੈ, ਤਦੋਂ ਉਸ ਅਵਸਥਾ ਵਿਚ) ਗ੍ਰਿਹਸਤ ਦੇ ਮੋਹ ਦੇ ਜਾਲ ਅਤੇ ਝੰਬੇਲੇ ਮਹਿਸੂਸ ਹੀ ਨਹੀਂ ਹੁੰਦੇ, ਅੰਦਰ ਕਿਤੇ ਰਤਾ ਭਰ ਭੀ 'ਮੈਂ ਮੈਂ' ਕਰਨ ਵਾਲੀ ਬੁੱਧੀ ਨਹੀਂ ਰਹਿ ਜਾਂਦੀ।
35059	821	ਊਚਨ ਊਚਾ ਬੀਚੁ ਨ ਖੀਚਾ ਹਉ ਤੇਰਾ ਤੂੰ ਮੋਰਾ॥੨॥	ਦਾਸਨ ਦਾਸ ਨੇ ਹੰਗਤਾ ਦਾ (ਬੀਚੁ)ਪੜਦਾ ਨਹੀਂ (ਖੀਚਾ)ਖਿੱਚਿਆ ਭਾਵ ਤਾਣਿਆਂ	Oochan Oochaa Beech N Kheechaa Ho Thaeraa Thoon Moraa ||2||	You are the highest of the high, and no curtain separates us; I am Yours, and You are mine. ||2||	ਤਦੋਂ ਮਨ-ਮੰਦਰ ਵਿਚ ਉਹ ਮਹਾਨ ਉੱਚਾ ਪਰਮਾਤਮਾ ਹੀ ਵੱਸਦਾ ਦਿੱਸਦਾ ਹੈ, ਉਸ ਨਾਲੋਂ ਕੋਈ ਪਰਦਾ ਤਣਿਆ ਨਹੀਂ ਰਹਿ ਜਾਂਦਾ। (ਉਸ ਵੇਲੇ ਉਸ ਨੂੰ ਇਉਂ ਹੀ ਆਖੀਦਾ ਹੈ-ਹੇ ਪ੍ਰਭੂ!) ਮੈਂ ਤੇਰਾ (ਦਾਸ) ਹਾਂ, ਤੂੰ ਮੇਰਾ (ਮਾਲਕ) ਹੈਂ ॥੨॥
35060	821	ਏਕੰਕਾਰੁ ਏਕੁ ਪਾਸਾਰਾ ਏਕੈ ਅਪਰ ਅਪਾਰਾ॥		Eaekankaar Eaek Paasaaraa Eaekai Apar Apaaraa ||	The One Creator Lord created the expanse of the one universe; the One Lord is unlimited and infinite.	(ਹੇ ਭਾਈ! ਗੁਰੂ ਦੇ ਸ਼ਬਦ-ਦੀਵੇ ਨਾਲ ਜਦੋਂ ਮਨ-ਮੰਦਰ ਵਿਚ ਆਤਮਕ ਜੀਵਨ ਦਾ ਚਾਨਣ ਹੁੰਦਾ ਹੈ, ਤਦੋਂ ਬਾਹਰ ਜਗਤ ਵਿਚ ਭੀ) ਇਕੋ ਸਰਬ-ਵਿਆਪਕ ਬੇਅੰਤ ਪਰਮਾਤਮਾ ਆਪ ਹੀ ਆਪ ਪਸਰਿਆ ਦਿੱਸਦਾ ਹੈ।

35061	821	ਏਕੁ ਬਿਸਥੀਰਨੁ ਏਕੁ ਸੰਪੂਰਨੁ ਏਕੈ ਪ੍ਰਾਨ ਅਧਾਰਾ॥੩॥		Eaek Bisathheeran Eaek Sanpooran Eaekai Praan Adhhaaraa ||3||	The One Lord pervades the one universe; the One Lord is totally permeating everywhere; the One Lord is the Support of the breath of life. ||3||	ਉਹ ਆਪ ਹੀ ਹਰ ਪਾਸੇ ਖਿਲਰਿਆ ਤੇ ਵਿਆਪਕ ਜਾਪਦਾ ਹੈ, ਉਹੀ ਜੀਵਾਂ ਦੀ ਜ਼ਿੰਦਗੀ ਦਾ ਆਸਰਾ ਦਿੱਸਦਾ ਹੈ ॥੩॥
35062	821	ਨਿਰਮਲ ਨਿਰਮਲ ਸੂਚਾ ਸੂਚੋ ਸੂਚਾ ਸੂਚੋ ਸੂਚਾ॥	ਵਾਹਿਗੁਰੂ ਜੀ (ਨਿਰਮਲ) ਪਵਿੱਤ੍ਰ ਤੋਂ (ਨਿਰਮਲ) ਪਵਿੱਤ੍ਰ (ਸੂਚਾ) ਸੁੱਚੇ ਤੋਂ (ਸੂਚੋ)ਸੁੱਚੇ। (ਸੂਚਾ)ਸੁੱਚੇ ਤੋਂ (ਸੂਚੋ)ਸੁੱਚੇ, (ਸੂਚਾ)ਸੁੱਚੇ ਹਨ	Niramal Niramal Soochaa Soocho Soochaa Soocho Soochaa ||	He is the most immaculate of the immaculate, the purest of the pure, so pure, so pure.	(ਜਦੋਂ ਮਨ-ਮੰਦਰ ਵਿਚ ਗੁਰ-ਸ਼ਬਦ ਦੇ ਦੀਵੇ ਨਾਲ ਪ੍ਰਕਾਸ਼ ਹੁੰਦਾ ਹੈ, ਤਦੋਂ ਇਹ ਪ੍ਰਤੱਖ ਦਿੱਸ ਪੈਂਦਾ ਹੈ ਕਿ) ਪਰਮਾਤਮਾ ਮਹਾਨ ਪਵਿੱਤਰ ਹੈ, ਮਹਾਨ ਸੁੱਚਾ ਹੈ।
35063	821	ਅੰਤ ਨ ਅੰਤਾ ਸਦਾ ਬੇਅੰਤਾ ਕਹੁ ਨਾਨਕ ਊਚੋ ਊਚਾ॥੪॥੧॥੮੭॥		Anth N Anthaa Sadhaa Baeanthaa Kahu Naanak Oocho Oochaa ||4||1||87||	He has no end or limitation; He is forever unlimited. Says Nanak, He is the highest of the high. ||4||1||87||	ਨਾਨਕ ਆਖਦਾ ਹੈ- ਉਸ ਦਾ ਕਦੇ ਅੰਤ ਨਹੀਂ ਪੈ ਸਕਦਾ, ਉਹ ਸਦਾ ਹੀ ਬੇਅੰਤ ਹੈ, ਅਤੇ ਉੱਚਿਆਂ ਤੋਂ ਉੱਚਾ ਹੈ (ਉਸ ਵਰਗਾ ਉੱਚਾ ਹੋਰ ਕੋਈ ਨਹੀਂ) ॥੪॥੧॥੮੭॥
35064	821	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

35065	821	ਬਿਨੁ ਹਰਿ ਕਾਮਿ ਨ ਆਵਤ ਹੇ॥		Bin Har Kaam N Aavath Hae ||	Without the Lord, nothing is of any use.	ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਬਿਨਾ (ਕੋਈ ਹੋਰ ਚੀਜ਼ ਤੇਰੇ ਆਤਮਕ ਜੀਵਨ ਦੇ) ਕੰਮ ਨਹੀਂ ਆ ਸਕਦੀ।
35066	821	ਜਾ ਸਿਉ ਰਾਚਿ ਮਾਚਿ ਤੁਮ੍ ਲਾਗੇ ਓਹ ਮੋਹਨੀ ਮੋਹਾਵਤ ਹੇ॥੧॥ਰਹਾਉ॥		Jaa Sio Raach Maach Thumh Laagae Ouh Mohanee Mohaavath Hae ||1|| Rehaao ||	You are totally attached to that Enticer Maya; she is enticing you. ||1||Pause||	ਜਿਸ ਮਨ-ਮੋਹਣੀ ਮਾਇਆ ਨਾਲ ਤੂੰ ਰਚਿਆ ਮਿਚਿਆ ਰਹਿੰਦਾ ਹੈਂ, ਉਹ ਤਾਂ ਤੈਨੂੰ ਠੱਗ ਰਹੀ ਹੈ ॥੧॥ ਰਹਾਉ ॥
35067	821	ਕਨਿਕ ਕਾਮਿਨੀ ਸੇਜ ਸੋਹਨੀ ਛੋਡਿ ਖਿਨੈ ਮਹਿ ਜਾਵਤ ਹੇ॥		Kanik Kaaminee Saej Sohanee Shhodd Khinai Mehi Jaavath Hae ||	You shall have to leave behind your gold, your woman and your beautiful bed; you shall have to depart in an instant.	ਹੇ ਭਾਈ! ਸੋਨਾ (ਧਨ-ਪਦਾਰਥ), ਇਸਤ੍ਰੀ ਦੀ ਸੋਹਣੀ ਸੇਜ-ਇਹ ਤਾਂ ਇਕ ਛਿਨ ਵਿਚ ਛੱਡ ਕੇ ਮਨੁੱਖ ਇਥੋਂ ਤੁਰ ਪੈਂਦਾ ਹੈ।
35068	821	ਉਰਝਿ ਰਹਿਓ ਇੰਦ੍ਰੀ ਰਸ ਪ੍ਰੇਰਿਓ ਬਿਖੈ ਠਗਉਰੀ ਖਾਵਤ ਹੇ॥੧॥	ਠੱਗਉਰੀ	Ourajh Rehiou Eindhree Ras Praeriou Bikhai Thagouree Khaavath Hae ||1||	You are entangled in the lures of sexual pleasures, and you are eating poisonous drugs. ||1||	ਕਾਮ-ਵਾਸਨਾ ਦੇ ਸੁਆਦਾਂ ਦਾ ਪ੍ਰੇਰਿਆ ਹੋਇਆ ਤੂੰ ਕਾਮ-ਵਾਸਨਾ ਵਿਚ ਫਸਿਆ ਪਿਆ ਹੈਂ, ਅਤੇ ਵਿਸ਼ੇ-ਵਿਕਾਰਾਂ ਦੀ ਠਗ-ਬੂਟੀ ਖਾ ਰਿਹਾ ਹੈਂ (ਜਿਸ ਦੇ ਕਾਰਨ ਤੂੰ ਆਤਮਕ ਜੀਵਨ ਵਲੋਂ ਬੇ-ਹੋਸ਼ ਪਿਆ ਹੈਂ) ॥੧॥

35069	821	ਤ੍ਰਿਣ ਕੋ ਮੰਦਰੁ ਸਾਜਿ ਸਵਾਰਿਓ ਪਾਵਕੁ ਤਲੈ ਜਰਾਵਤ ਹੇ॥		Thrin Ko Mandhar Saaj Savaariou Paavak Thalai Jaraavath Hae ||	You have built and adorned a palace of straw, and under it, you light a fire.	ਹੇ ਭਾਈ! ਤੀਲਿਆਂ ਦਾ ਘਰ ਬਣਾ ਸਵਾਰ ਕੇ ਤੂੰ ਉਸ ਦੇ ਹੇਠ ਅੱਗ ਬਾਲ ਰਿਹਾ ਹੈਂ (ਇਸ ਸਰੀਰ ਵਿਚ ਕਾਮਾਦਿਕ ਵਿਕਾਰਾਂ ਦਾ ਭਾਂਬੜ ਮਚਾ ਕੇ ਆਤਮਕ ਜੀਵਨ ਨੂੰ ਸੁਆਹ ਕਰੀ ਜਾ ਰਿਹਾ ਹੈਂ।
35070	821	ਐਸੇ ਗੜ ਮਹਿ ਐਠਿ ਹਠੀਲੋ ਫੂਲਿ ਫੂਲਿ ਕਿਆ ਪਾਵਤ ਹੇ॥੨॥	(ਐਠਿ)ਆਕੜ। (ਹਠੀ)ਲੋਹਠ। (ਫੂਲਿ)ਫੁੱਲ। (ਫੂਲਿ)ਫੁੱਲ। f ਕਆਕੀ। (ਪਾਵਤ)ਪੌਂਦਾ। (ਹੇ)ਹੈਂ। ਜਿਵੇਂ ਦੀਵੇ ਦਾ ਫੁੱਲ ਕਾਲਖ ਹੁੰਦੀ ਹੈ, ਇਉਂ ਵਿਸ਼ਿਆਂ ਦੀ ਕਾਲਖ ਹੈ। ਗੜ੍ਹ। ਐਂਠਿ	Aisae Garr Mehi Aith Hatheelo Fool Fool Kiaa Paavath Hae ||2||	Sitting all puffed-up in such a castle, you stubborn-minded fool, what do you think you will gain? ||2||	ਵਿਕਾਰਾਂ ਵਿਚ ਸੜ ਰਹੇ) ਇਸ ਸਰੀਰ-ਕਿਲ੍ਹੇ ਵਿਚ ਆਕੜ ਕੇ ਹਠੀ ਹੋਇਆ ਬੈਠਾ ਤੂੰ ਮਾਣ ਕਰ ਕਰ ਕੇ ਹਾਸਲ ਤਾਂ ਕੁਝ ਭੀ ਨਹੀਂ ਕਰ ਰਿਹਾ ॥੨॥
35071	821	ਪੰਚ ਦੂਤ ਮੂਡ ਪਰਿ ਠਾਢੇ ਕੇਸ ਗਹੇ ਫੇਰਾਵਤ ਹੇ॥		Panch Dhooth Moodd Par Thaadtae Kaes Gehae Faeraavath Hae ||	The five thieves stand over your head and seize you. Grabbing you by your hair, they will drive you on.	ਹੇ ਅੰਨ੍ਹੇ ਅਗਿਆਨੀ! ਕਾਮਾਦਿਕ ਪੰਜੇ ਵੈਰੀ ਤੇਰੇ ਸਿਰ ਉਤੇ ਖਲੋਤੇ ਹੋਏ ਤੈਨੂੰ ਜ਼ਲੀਲ ਕਰ ਰਹੇ ਹਨ,

35072	822	ਦ੍ਰਿਸਟਿ ਨ ਆਵਹਿ ਅੰਧ ਅਗਿਆਨੀ ਸੋਇ ਰਹਿਓ ਮਦ ਮਾਵਤ ਹੇ॥੩॥		Dhrisatt N Aavehi Andhh Agiaanee Soe Rehiou Madh Maavath Hae ||3||	You do not see them, you blind and ignorant fool; intoxicated with ego, you just keep sleeping. ||3||	ਪਰ ਤੈਨੂੰ ਉਹ ਦਿੱਸਦੇ ਨਹੀਂ, ਤੂੰ ਵਿਕਾਰਾਂ ਦੇ ਨਸ਼ੇ ਵਿਚ ਮਸਤ ਹੋ ਕੇ ਆਤਮਕ ਜੀਵਨ ਵਲੋਂ ਬੇ-ਫ਼ਿਕਰ ਹੋਇਆ ਪਿਆ ਹੈਂ ॥੩॥
35073	822	ਜਾਲੁ ਪਸਾਰਿ ਚੋਗ ਬਿਸਥਾਰੀ ਪੰਖੀ ਜਿਉ ਫਾਹਾਵਤ ਹੇ॥		Jaal Pasaar Chog Bisathhaaree Pankhee Jio Faahaavath Hae ||	The net has been spread out, and the bait has been scattered; like a bird, you are being trapped.	ਹੇ ਭਾਈ! ਜਿਵੇਂ ਕਿਸੇ ਪੰਛੀ ਨੂੰ ਫੜਨ ਲਈ ਜਾਲ ਖਿਲਾਰ ਕੇ ਉਸ ਉਤੇ ਚੋਗ ਖਿਲਾਰੀ ਜਾਂਦੀ ਹੈ, ਤਿਵੇਂ ਤੂੰ (ਦੁਨੀਆ ਦੇ ਪਦਾਰਥਾਂ ਦੇ ਚੋਗ ਵਿਚ) ਫਸ ਰਿਹਾ ਹੈਂ।
35074	822	ਕਹੁ ਨਾਨਕ ਬੰਧਨ ਕਾਟਨ ਕਉ ਮੈ ਸਤਿਗੁਰੁ ਪੁਰਖੁ ਧਿਆਵਤ ਹੇ॥੪॥੨॥੮੮॥		Kahu Naanak Bandhhan Kaattan Ko Mai Sathigur Purakh Dhhiaavath Hae ||4||2||88||	Says Nanak, my bonds have been broken; I meditate on the True Guru, the Primal Being. ||4||2||88||	ਨਾਨਕ ਆਖਦਾ ਹੈ- (ਹੇ ਭਾਈ!) ਮਾਇਆ ਦੇ ਬੰਧਨਾਂ ਨੂੰ ਕੱਟਣ ਵਾਸਤੇ ਮੈਂ ਤਾਂ ਗੁਰੂ ਮਹਾ ਪੁਰਖ ਨੂੰ ਆਪਣੇ ਹਿਰਦੇ ਵਿਚ ਵਸਾ ਰਿਹਾ ਹਾਂ ॥੪॥੨॥੮੮॥
35075	822	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35076	822	ਹਰਿ ਹਰਿ ਨਾਮੁ ਅਪਾਰ ਅਮੋਲੀ॥		Har Har Naam Apaar Amolee ||	The Name of the Lord, Har, Har, is infinite and priceless.	(ਹੇ ਸਹੇਲੀਏ!) ਬੇਅੰਤ ਹਰੀ ਦਾ ਨਾਮ ਕਿਸੇ ਦੁਨੀਆਵੀ ਪਦਾਰਥ ਵੱਟੇ ਨਹੀਂ ਮਿਲ ਸਕਦਾ।

35077	822	ਪ੍ਰਾਨ ਪਿਆਰੋ ਮਨਹਿ ਅਧਾਰੋ ਚੀਤਿ ਚਿਤਵਉ ਜੈਸੇ ਪਾਨ ਤੰਬੋਲੀ॥੧॥ਰਹਾਉ॥		Praan Piaaro Manehi Adhhaaro Cheeth Chithavo Jaisae Paan Thanbolee ||1|| Rehaao ||	It is the Beloved of my breath of life, and the Support of my mind; I remember it, as the betel leaf chewer remembers the betel leaf. ||1||Pause||	ਉਹ ਹਰਿ-ਨਾਮ ਮੇਰੀ ਜਿੰਦ ਦਾ ਪਿਆਰਾ ਬਣ ਗਿਆ ਹੈ, ਮੇਰੇ ਮਨ ਦਾ ਸਹਾਰਾ ਬਣ ਗਿਆ ਹੈ। ਜਿਵੇਂ ਕੋਈ ਪਾਨ ਵੇਚਣ ਵਾਲੀ (ਆਪਣੇ) ਪਾਨਾਂ ਦਾ ਖ਼ਿਆਲ ਰੱਖਦੀ ਹੈ, ਤਿਵੇਂ ਮੈਂ ਹਰਿ-ਨਾਮ ਨੂੰ ਆਪਣੇ ਚਿੱਤ ਵਿਚ ਚਿਤਾਰਦੀ ਰਹਿੰਦੀ ਹਾਂ ॥੧॥ ਰਹਾਉ ॥
35078	822	ਸਹਜਿ ਸਮਾਇਓ ਗੁਰਹਿ ਬਤਾਇਓ ਰੰਗਿ ਰੰਗੀ ਮੇਰੇ ਤਨ ਕੀ ਚੋਲੀ॥		Sehaj Samaaeiou Gurehi Bathaaeiou Rang Rangee Maerae Than Kee Cholee ||	I have been absorbed in celestial bliss, following the Guru's Teachings; my body-garment is imbued with the Lord's Love.	(ਹੇ ਸਹੇਲੀਏ!) ਜਦੋਂ ਗੁਰੂ ਨੇ ਮੈਨੂੰ (ਭੇਦ) ਦੱਸ ਦਿੱਤਾ, ਤਾਂ ਮੈਂ ਆਤਮਕ ਅਡੋਲਤਾ ਵਿਚ ਲੀਨ ਹੋ ਗਈ, ਹੁਣ ਮੇਰੀ ਸਰੀਰ-ਚੋਲੀ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਗਈ ਹੈ।
35079	822	ਪ੍ਰਿਅ ਮੁਖਿ ਲਾਗੋ ਜਉ ਵਡਭਾਗੋ ਸੁਹਾਗੁ ਹਮਾਰੋ ਕਤਹੁ ਨ ਡੋਲੀ॥੧॥		Pria Mukh Laago Jo Vaddabhaago Suhaag Hamaaro Kathahu N Ddolee ||1||	I come face to face with my Beloved, by great good fortune; my Husband Lord never wavers. ||1||	ਜਦੋਂ ਤੋਂ (ਗੁਰੂ ਦੀ ਕਿਰਪਾ ਨਾਲ) ਮੇਰੇ ਵੱਡੇ ਭਾਗ ਜਾਗ ਪਏ ਹਨ, ਤਦੋਂ ਤੋਂ ਮੈਨੂੰ ਪਿਆਰੇ ਦਾ ਦਰਸਨ ਹੋ ਰਿਹਾ ਹੈ। ਹੁਣ ਮੇਰਾ ਇਹ ਸੁਹਾਗ (ਮੇਰੇ ਸਿਰ ਤੋਂ) ਲਾਂਭੇ ਨਹੀਂ ਹੋਵੇਗਾ ॥੧॥

35080	822	ਰੂਪ ਨ ਧੂਪ ਨ ਗੰਧ ਨ ਦੀਪਾ ਓਤਿ ਪੋਤਿ ਅੰਗ ਅੰਗ ਸੰਗਿ ਮਉਲੀ॥	(ਰੂਪ)ਦਿਲ ਦੀ ਸਫ਼ਾਈ। (ਧੂਪ)ਜਸ। (ਗੰਧ)ਭਗਤੀ। ਗੁਰਸਬਦ ਰੂਪੀ(ਦੀਪਾ)ਦੀਵਾ। ਮਉੱਲੀ: ਕਸਕੇ	Roop N Dhhoop N Gandhh N Dheepaa Outh Poth Ang Ang Sang Moulee ||	I do not need any image, or incense, or perfume, or lamps; through and through, He is blossoming forth, with me, life and limb.	(ਹੇ ਸਹੇਲੀਏ!) ਨਾਹ ਕੋਈ ਸੋਹਣੇ ਪਦਾਰਥ, ਨਾਹ ਕੋਈ ਧੂਪ, ਨਾਹ ਸੁਗੰਧੀਆਂ, ਨਾਹ ਦੀਵੇ (-ਕੋਈ ਭੀ ਅਜੇਹੇ ਪਦਾਰਥ ਮੈਂ ਆਪਣੇ ਪਤੀ ਦੇਵ ਅੱਗੇ ਭੇਟਾ ਨਹੀਂ ਕੀਤੇ। ਗੁਰੂ ਦੀ ਕਿਰਪਾ ਨਾਲ ਹੀ) ਮੇਰਾ ਆਪਾ ਪ੍ਰਭੂ-ਪਤੀ ਨਾਲ ਇੱਕ-ਮਿੱਕ ਹੋ ਗਿਆ ਹੈ, ਉਸ ਦੇ ਨਾਲ ਮਿਲ ਕੇ ਮੇਰਾ ਮਨ ਖਿੜ ਪਿਆ ਹੈ।
35081	822	ਕਹੁ ਨਾਨਕ ਪ੍ਰਿਅ ਰਵੀ ਸੁਹਾਗਨਿ ਅਤਿ ਨੀਕੀ ਮੇਰੀ ਬਨੀ ਖਟੋਲੀ॥੨॥੩॥੮੯॥		Kahu Naanak Pria Ravee Suhaagan Ath Neekee Maeree Banee Khattolee ||2||3||89||	Says Nanak, my Husband Lord has ravished and enjoyed His soul-bride; my bed has become very beautiful and sublime. ||2||3||89||	ਨਾਨਕ ਆਖਦਾ ਹੈ- (ਹੇ ਸਹੇਲੀਏ!) ਪਿਆਰੇ ਪ੍ਰਭੂ ਨੇ ਮੈਨੂੰ ਸੁਹਾਗਣ ਬਣਾ ਕੇ ਆਪਣੇ ਨਾਲ ਮਿਲਾ ਲਿਆ ਹੈ, ਮੇਰੀ ਹਿਰਦਾ-ਸੇਜ ਹੁਣ ਬਹੁਤ ਸੋਹਣੀ ਬਣ ਗਈ ਹੈ ॥੨॥੩॥੮੯॥
35082	822	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35083	822	ਗੋਬਿੰਦ ਗੋਬਿੰਦ ਗੋਬਿੰਦ ਮਈ॥		Gobindh Gobindh Gobindh Mee ||	Chanting the Name of the Lord of the Universe, Gobind, Gobind, Gobind, we become like Him.	ਹੇ ਭਾਈ! ਸਦਾ ਗੋਬਿੰਦ ਦਾ ਨਾਮ ਸਿਮਰ ਸਿਮਰ ਕੇ ਮਨੁੱਖ ਗੋਬਿੰਦ ਦਾ ਰੂਪ ਹੀ ਹੋ ਜਾਂਦਾ ਹੈ।

35084	822	ਜਬ ਤੇ ਭੇਟੇ ਸਾਧ ਦਇਆਰਾ ਤਬ ਤੇ ਦੁਰਮਤਿ ਦੂਰਿ ਭਈ॥੧॥ਰਹਾਉ॥		Jab Thae Bhaettae Saadhh Dhaeiaaraa Thab Thae Dhuramath Dhoor Bhee ||1|| Rehaao ||	Since I met the compassionate, Holy Saints, my evil-mindedness has been driven far away. ||1||Pause||	ਜਦੋਂ ਤੋਂ (ਕਿਸੇ ਮਨੁੱਖ ਨੂੰ) ਦਇਆ ਦਾ ਸੋਮਾ ਗੁਰੂ ਮਿਲ ਪੈਂਦਾ ਹੈ, ਤਦੋਂ ਤੋਂ (ਉਸ ਦੇ ਅੰਦਰੋਂ) ਖੋਟੀ ਮਤਿ ਦੂਰ ਹੋ ਜਾਂਦੀ ਹੈ ॥੧॥ ਰਹਾਉ ॥
35085	822	ਪੂਰਨ ਪੂਰਿ ਰਹਿਓ ਸੰਪੂਰਨ ਸੀਤਲ ਸਾਂਤਿ ਦਇਆਲ ਦਈ॥	ਦ-ਇਆਲ	Pooran Poor Rehiou Sanpooran Seethal Saanth Dhaeiaal Dhee ||	The Perfect Lord is perfectly pervading everywhere. He is cool and calm, peaceful and compassionate.	(ਹੇ ਭਾਈ! ਜਦੋਂ ਕਿਸੇ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਤਦੋਂ ਉਸ ਨੂੰ ਨਿਸ਼ਚਾ ਬਣ ਜਾਂਦਾ ਹੈ ਕਿ) ਦਇਆ ਅਤੇ ਸ਼ਾਂਤੀ ਦਾ ਪੁੰਜ ਸਾਰੇ ਗੁਣਾਂ ਨਾਲ ਭਰਪੂਰ ਪਿਆਰਾ ਪ੍ਰਭੂ ਹਰ ਥਾਂ ਵਿਆਪਕ ਹੈ।
35086	822	ਕਾਮ ਕ੍ਰੋਧ ਤ੍ਰਿਸਨਾ ਅਹੰਕਾਰਾ ਤਨ ਤੇ ਹੋਏ ਸਗਲ ਖਈ॥੧॥		Kaam Krodhh Thrisanaa Ahankaaraa Than Thae Hoeae Sagal Khee ||1||	Sexual desire, anger and egotistical desires have all been eliminated from my body. ||1||	(ਸਿਮਰਨ ਦੀ ਬਰਕਤਿ ਨਾਲ) ਉਸ ਦੇ ਸਰੀਰ ਵਿਚੋਂ ਕਾਮ ਕ੍ਰੋਧ ਤ੍ਰਿਸ਼ਨਾ ਅਹੰਕਾਰ ਆਦਿਕ ਸਾਰੇ ਵਿਕਾਰ ਨਾਸ ਹੋ ਜਾਂਦੇ ਹਨ ॥੧॥
35087	822	ਸਤੁ ਸੰਤੋਖੁ ਦਇਆ ਧਰਮੁ ਸੁਚਿ ਸੰਤਨ ਤੇ ਇਹੁ ਮੰਤੁ ਲਈ॥		Sath Santhokh Dhaeiaa Dhharam Such Santhan Thae Eihu Manth Lee ||	Truth, contentment, compassion, Dharmic faith and purity - I have received these from the Teachings of the Saints.	(ਹੇ ਭਾਈ! ਜਦੋਂ ਕਿਸੇ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਉਹ) ਸੇਵਾ, ਸੰਤੋਖ, ਦਇਆ, ਧਰਮ, ਪਵਿੱਤ੍ਰ ਜੀਵਨ (ਆਪਣੇ ਅੰਦਰ ਪੈਦਾ ਕਰਨ ਦਾ) ਇਹ ਉਪਦੇਸ਼ ਸੰਤ ਜਨਾਂ ਪਾਸੋਂ ਗ੍ਰਹਿਣ ਕਰਦਾ ਹੈ।

35088	822	ਕਹੁ ਨਾਨਕ ਜਿਨਿ ਮਨਹੁ ਪਛਾਨਿਆ ਤਿਨ ਕਉ ਸਗਲੀ ਸੋਝ ਪਈ॥੨॥੪॥੯੦॥		Kahu Naanak Jin Manahu Pashhaaniaa Thin Ko Sagalee Sojh Pee ||2||4||90||	Says Nanak, one who realizes this in his mind, achieves total understanding. ||2||4||90||	ਨਾਨਕ ਆਖਦਾ ਹੈ- ਜਿਸ ਜਿਸ ਮਨੁੱਖ ਨੇ ਆਪਣੇ ਮਨ ਦੀ ਰਾਹੀਂ (ਗੁਰੂ ਨਾਲ) ਸਾਂਝ ਪਾਈ, ਉਹਨਾਂ ਨੂੰ (ਉੱਚੇ ਆਤਮਕ ਜੀਵਨ ਦੀ) ਸਾਰੀ ਸਮਝ ਆ ਗਈ ॥੨॥੪॥੯੦॥
35089	822	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35090	822	ਕਿਆ ਹਮ ਜੀਅ ਜੰਤ ਬੇਚਾਰੇ ਬਰਨਿ ਨ ਸਾਕਹ ਏਕ ਰੋਮਾਈ॥		Kiaa Ham Jeea Janth Baechaarae Baran N Saakeh Eaek Romaaee ||	What am I? Just a poor living being. I cannot even describe one of Your hairs, O Lord.	ਹੇ ਮੇਰੇ ਮਾਲਕ! (ਅਸੀਂ ਜੀਵ ਤੇਰੇ ਪੈਦਾ ਕੀਤੇ ਹੋਏ ਹਾਂ) ਅਸਾਂ ਵਿਚਾਰੇ ਜੀਵਾਂ ਦੀ ਕੋਈ ਪਾਂਇਆਂ ਹੀ ਨਹੀਂ ਕਿ ਤੇਰੀ ਬਾਬਤ ਇਕ ਰੋਮ ਜਿਤਨਾ ਭੀ ਕੁਝ ਕਹਿ ਸਕੀਏ।
35091	822	ਬ੍ਰਹਮ ਮਹੇਸ ਸਿਧ ਮੁਨਿ ਇੰਦ੍ਰਾ ਬੇਅੰਤ ਠਾਕੁਰ ਤੇਰੀ ਗਤਿ ਨਹੀ ਪਾਈ॥੧॥		Breham Mehaes Sidhh Mun Eindhraa Baeanth Thaakur Thaeree Gath Nehee Paaee ||1||	Even Brahma, Shiva, the Siddhas and the silent sages do not know Your State, O Infinite Lord and Master. ||1||	(ਅਸੀਂ ਸਾਧਾਰਨ ਜੀਵ ਤਾਂ ਕਿਸੇ ਗਿਣਤੀ ਵਿਚ ਹੀ ਨਹੀਂ) ਬ੍ਰਹਮਾ, ਸ਼ਿਵ, ਸਿੱਧ, ਮੁਨੀ, ਇੰਦ੍ਰ (ਆਦਿਕ ਵਰਗੇ) ਬੇਅੰਤ ਇਹ ਨਹੀਂ ਸਮਝ ਸਕੇ ਕਿ ਤੂੰ ਕਿਹੋ ਜਿਹਾ ਹੈਂ ॥੧॥

35092	822	ਕਿਆ ਕਥੀਐ ਕਿਛੁ ਕਥਨੁ ਨ ਜਾਈ॥		Kiaa Kathheeai Kishh Kathhan N Jaaee ||	What can I say? I cannot say anything.	ਹੇ ਭਾਈ! (ਪਰਮਾਤਮਾ ਕਿਹੋ ਜਿਹਾ ਹੈ?-ਇਹ ਗੱਲ) ਕੀਹ ਦੱਸੀਏ? ਦੱਸੀ ਨਹੀਂ ਜਾ ਸਕਦੀ।
35093	822	ਜਹ ਜਹ ਦੇਖਾ ਤਹ ਰਹਿਆ ਸਮਾਈ॥੧॥ਰਹਾਉ॥		Jeh Jeh Dhaekhaa Theh Rehiaa Samaaee ||1|| Rehaao ||	Wherever I look, I see the Lord pervading. ||1||Pause||	ਮੈਂ ਤਾਂ ਜਿਧਰ ਤੱਕਦਾ ਹਾਂ, ਉਧਰ ਪਰਮਾਤਮਾ ਹੀ ਸਭ ਥਾਈਂ ਮੌਜੂਦ ਹੈ ॥੧॥ ਰਹਾਉ ॥
35094	822	ਜਹ ਮਹਾ ਭਇਆਨ ਦੂਖ ਜਮ ਸੁਨੀਐ ਤਹ ਮੇਰੇ ਪ੍ਰਭ ਤੂਹੈ ਸਹਾਈ॥		Jeh Mehaa Bhaeiaan Dhookh Jam Suneeai Theh Maerae Prabh Thoohai Sehaaee ||	And there, where the most terrible tortures are heard to be inflicted by the Messenger of Death, You are my only help and support, O my God.	ਹੇ ਮੇਰੇ ਪ੍ਰਭੂ! ਜਿੱਥੇ ਇਹ ਸੁਣੀਦਾ ਹੈ ਕਿ ਜਮਾਂ ਦੇ ਬੜੇ ਹੀ ਭਿਆਨਕ ਦੁੱਖ ਮਿਲਦੇ ਹਨ, ਉਥੇ ਤੂੰ ਹੀ (ਬਚਾਣ ਵਾਸਤੇ) ਮਦਦਗਾਰ ਬਣਦਾ ਹੈਂ-
35095	822	ਸਰਨਿ ਪਰਿਓ ਹਰਿ ਚਰਨ ਗਹੇ ਪ੍ਰਭ ਗੁਰਿ ਨਾਨਕ ਕਉ ਬੂਝ ਬੁਝਾਈ॥੨॥੫॥੯੧॥	ਬੂੱਝ। ਬੁੱਝਾਈ	Saran Pariou Har Charan Gehae Prabh Gur Naanak Ko Boojh Bujhaaee ||2||5||91||	I have sought His Sanctuary, and grasped hold of the Lord's Lotus Feet; God has helped Guru Nanak to understand this understanding. ||2||5||91||	ਹੇ ਪ੍ਰਭੂ! ਗੁਰੂ ਨੇ (ਮੈਨੂੰ) ਨਾਨਕ ਨੂੰ ਇਹ ਸਮਝ ਬਖ਼ਸ਼ੀ ਹੈ। ਤਾਹੀਏਂ ਮੈਂ ਨਾਨਕ ਤੇਰੀ ਸਰਨ ਆ ਪਿਆ ਹਾਂ, ਤੇਰੇ ਚਰਨ ਫੜ ਲਏ ਹਨ ॥੨॥੫॥੯੧॥

35096	822	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35097	822	ਅਗਮ ਰੂਪ ਅਬਿਨਾਸੀ ਕਰਤਾ ਪਤਿਤ ਪਵਿਤ ਇਕ ਨਿਮਖ ਜਪਾਈਐ॥		Agam Roop Abinaasee Karathaa Pathith Pavith Eik Nimakh Japaaeeai ||	O Inaccessible, Beautiful, Imperishable Creator Lord, Purifier of sinners, let me meditate on You, even for an instant.	ਹੇ ਭਾਈ! ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲੇ, ਅਪਹੁੰਚ ਹਸਤੀ ਵਾਲੇ ਨਾਸ-ਰਹਿਤ ਕਰਤਾਰ ਨੂੰ ਨਿਮਖ ਨਿਮਖ ਜਪਦੇ ਰਹਿਣਾ ਚਾਹੀਦਾ ਹੈ।
35098	822	ਅਚਰਜੁ ਸੁਨਿਓ ਪਰਾਪਤਿ ਭੇਟੁਲੇ ਸੰਤ ਚਰਨ ਚਰਨ ਮਨੁ ਲਾਈਐ॥੧॥	ਅ-ਚਰਜੁ	Acharaj Suniou Paraapath Bhaettulae Santh Charan Charan Man Laaeeai ||1||	O Wondrous Lord, I have heard that You are found by meeting the Saints, and focusing the mind on their feet, their holy feet. ||1||	ਇਹ ਸੁਣੀਦਾ ਹੈ ਕਿ ਉਹ ਅਚਰਜ ਹੈ ਅਚਰਜ ਹੈ, (ਉਸ ਨਾਲ) ਮਿਲਾਪ ਹੋ ਜਾਂਦਾ ਹੈ ਜੇ ਸੰਤ ਜਨਾਂ ਦੇ ਚਰਨਾਂ ਦਾ ਮੇਲ ਪ੍ਰਾਪਤ ਹੋ ਜਾਏ। (ਸੋ ਸੰਤ ਜਨਾਂ ਦੇ) ਚਰਨਾਂ ਵਿਚ ਮਨ ਜੋੜਨਾ ਚਾਹੀਦਾ ਹੈ ॥੧॥
35099	822	ਕਿਤੁ ਬਿਧੀਐ ਕਿਤੁ ਸੰਜਮਿ ਪਾਈਐ॥	(ਬਿਧੀਐ)ਜੁਗਤੀ। ਬਿਧੀਐ:ਪੋਲਾ ਬੋਲੋ	Kith Bidhheeai Kith Sanjam Paaeeai ||	In what way, and by what discipline, is He obtained?	(ਹੇ ਭਾਈ!) ਕਿਸ ਵਿਧੀ ਨਾਲ, ਕਿਸ ਸੰਜਮ ਨਾਲ ਉਹ ਮਿਲ ਸਕਦਾ ਹੈ?
35100	822	ਕਹੁ ਸੁਰਜਨ ਕਿਤੁ ਜੁਗਤੀ ਧਿਆਈਐ॥੧॥ਰਹਾਉ॥	(ਸੁਰਜਨ)ਹੇ ਭਲੇ ਪੁਰਸ਼ੋ, ਪਿਆਰਿਓ	Kahu Surajan Kith Jugathee Dhhiaaeeai ||1|| Rehaao ||	Tell me, O good man, by what means can we meditate on Him? ||1||Pause||	ਹੇ ਭਲੇ ਪੁਰਖ! (ਮੈਨੂੰ) ਦੱਸ ਕਿ ਪਰਮਾਤਮਾ ਨੂੰ ਕਿਸ ਤਰੀਕੇ ਨਾਲ ਸਿਮਰਨਾ ਚਾਹੀਦਾ ਹੈ? ॥੧॥ ਰਹਾਉ ॥

35101	822	ਜੋ ਮਾਨੁਖੁ ਮਾਨੁਖ ਕੀ ਸੇਵਾ ਓਹੁ ਤਿਸ ਕੀ ਲਈ ਲਈ ਫੁਨਿ ਜਾਈਐ॥	ਜੋ ਮਨੁੱਖ ਕਿਸੇ ਮਨੁੱਖ ਦੀ ਸੇਵਾ ਕਰਦਾ ਹੈ, ਉਹ ਤਿਸ ਦੀ ਪ੍ਰੀਤ ਅੱਗੇ ਦਿਲ ਦੇ ਵਿੱਚ ਲਈ ਹੀ ਲਈ ਜਾਂਦਾ ਹੈਤਾਂ ਪ੍ਰਮੇਸ਼ਰ ਜੀ, ਸੇਵਾ ਕੀਤੀ ਦਾ ਫ਼ਲ਼ ਕਿਉਂ ਨਹੀਂ ਦੇਣਗੇ?	Jo Maanukh Maanukh Kee Saevaa Ouhu This Kee Lee Lee Fun Jaaeeai ||	If one human being serves another human being, the one served stands by him.	(ਹੇ ਪ੍ਰਭੂ!) ਜੇਹੜਾ ਮਨੁੱਖ ਕਿਸੇ ਹੋਰ ਮਨੁੱਖ ਦੀ (ਕੋਈ) ਸੇਵਾ ਕਰਦਾ ਹੈ ਉਹ ਉਸ ਦੀ ਕੀਤੀ ਹੋਈ ਸੇਵਾ ਨੂੰ ਸਦਾ ਹੀ ਮੁੜ ਮੁੜ ਯਾਦ ਕਰਦਾ ਰਹਿੰਦਾ ਹੈ;
35102	822	ਨਾਨਕ ਸਰਨਿ ਸਰਣਿ ਸੁਖਸਾਗਰ ਮੋਹਿ ਟੇਕ ਤੇਰੋ ਇਕ ਨਾਈਐ॥੨॥੬॥੯੨॥		Naanak Saran Saran Sukh Saagar Mohi Ttaek Thaero Eik Naaeeai ||2||6||92||	Nanak seeks Your Sanctuary and Protection, O Lord, ocean of peace; He takes the Support of Your Name alone. ||2||6||92||	ਹੇ ਨਾਨਕ! (ਆਖ-) ਹੇ ਪ੍ਰਭੂ! ਤੂੰ ਸੁਖਾਂ ਦਾ ਸਮੁੰਦਰ ਹੈਂ (ਤੂੰ ਅਨੇਕਾਂ ਹੀ ਸੁਖ ਬਖ਼ਸ਼ਦਾ ਹੈਂ ਇਸ ਵਾਸਤੇ) ਮੈਂ ਸਦਾ ਤੇਰੀ ਹੀ ਸਰਨ ਤੇਰੀ ਹੀ ਸਰਨ ਪਿਆ ਰਹਾਂਗਾ, ਮੈਨੂੰ ਸਿਰਫ਼ ਤੇਰੇ ਨਾਮ ਦਾ ਹੀ ਸਹਾਰਾ ਹੈ ॥੨॥੬॥੯੨॥
35103	822	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35104	822	ਸੰਤ ਸਰਣਿ ਸੰਤ ਟਹਲ ਕਰੀ॥		Santh Saran Santh Ttehal Karee ||	I seek the Sanctuary of the Saints, and I serve the Saints.	ਹੇ ਭਾਈ! ਜਦੋਂ ਮੈਂ ਗੁਰੂ ਦੀ ਸਰਨ ਆ ਪਿਆ, ਜਦੋਂ ਮੈਂ ਗੁਰੂ ਦੀ ਸੇਵਾ ਕਰਨ ਲੱਗ ਪਿਆ,

35105	822	ਧੰਧੁ ਬੰਧੁ ਅਰੁ ਸਗਲ ਜੰਜਾਰੋ ਅਵਰ ਕਾਜ ਤੇ ਛੂਟਿ ਪਰੀ॥੧॥ਰਹਾਉ॥		Dhhandhh Bandhh Ar Sagal Janjaaro Avar Kaaj Thae Shhoott Paree ||1|| Rehaao ||	I am rid of all worldly concerns, bonds, entanglements and other affairs. ||1||Pause||	(ਮੇਰੇ ਅੰਦਰੋਂ) ਧੰਧਾ, ਬੰਧਨ ਅਤੇ ਸਾਰਾ ਜੰਜਾਲ (ਮੁੱਕ ਗਿਆ), ਮੇਰੀ ਬ੍ਰਿਤੀ ਹੋਰ ਹੋਰ ਕੰਮਾਂ ਤੋਂ ਅਟੰਕ ਹੋ ਗਈ ॥੧॥ ਰਹਾਉ ॥
35106	822	ਸੂਖ ਸਹਜ ਅਰੁ ਘਨੋ ਅਨੰਦਾ ਗੁਰ ਤੇ ਪਾਇਓ ਨਾਮੁ ਹਰੀ॥		Sookh Sehaj Ar Ghano Anandhaa Gur Thae Paaeiou Naam Haree ||	I have obtained peace, poise and great bliss from the Guru, through the Lord's Name.	ਹੇ ਭਾਈ! ਗੁਰੂ ਪਾਸੋਂ ਮੈਂ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲਿਆ (ਜਿਸ ਦੀ ਬਰਕਤਿ ਨਾਲ) ਆਤਮਕ ਅਡੋਲਤਾ ਦਾ ਸੁਖ ਅਤੇ ਆਨੰਦ (ਮੇਰੇ ਅੰਦਰ ਉਤਪੰਨ ਹੋ ਗਿਆ)।
35107	823	ਐਸੋ ਹਰਿ ਰਸੁ ਬਰਨਿ ਨ ਸਾਕਉ ਗੁਰਿ ਪੂਰੈ ਮੇਰੀ ਉਲਟਿ ਧਰੀ॥੧॥		Aiso Har Ras Baran N Saako Gur Poorai Maeree Oulatt Dhharee ||1||	Such is the sublime essence of the Lord, that I cannot describe it. The Perfect Guru has turned me away from the world. ||1||	ਹਰਿ-ਨਾਮ ਦਾ ਸੁਆਦ ਮੈਨੂੰ ਅਜੇਹਾ ਆਇਆ ਕਿ ਮੈਂ ਉਹ ਬਿਆਨ ਨਹੀਂ ਕਰ ਸਕਦਾ। ਗੁਰੂ ਨੇ ਮੇਰੀ ਬ੍ਰਿਤੀ ਮਾਇਆ ਵਲੋਂ ਪਰਤਾ ਦਿੱਤੀ ॥੧॥
35108	823	ਪੇਖਿਓ ਮੋਹਨੁ ਸਭ ਕੈ ਸੰਗੇ ਊਨ ਨ ਕਾਹੂ ਸਗਲ ਭਰੀ॥		Paekhiou Mohan Sabh Kai Sangae Oon N Kaahoo Sagal Bharee ||	I behold the Fascinating Lord with everyone. No one is without Him - He is pervading everywhere.	ਹੇ ਭਾਈ! (ਗੁਰੂ ਦੀ ਕਿਰਪਾ ਨਾਲ) ਸੋਹਣੇ ਪ੍ਰਭੂ ਨੂੰ ਮੈਂ ਸਭ ਵਿਚ ਵੱਸਦਾ ਵੇਖ ਲਿਆ ਹੈ, ਕੋਈ ਭੀ ਥਾਂ ਉਸ ਪ੍ਰਭੂ ਤੋਂ ਸੱਖਣਾ ਨਹੀਂ ਦਿੱਸਦਾ, ਸਾਰੀ ਹੀ ਸ੍ਰਿਸ਼ਟੀ ਪ੍ਰਭੂ ਦੀ ਜੀਵਨ-ਰੌ ਨਾਲ ਭਰਪੂਰ ਦਿੱਸ ਰਹੀ ਹੈ।

35109	823	ਪੂਰਨ ਪੂਰਿ ਰਹਿਓ ਕਿਰਪਾਨਿਧਿ ਕਹੁ ਨਾਨਕ ਮੇਰੀ ਪੂਰੀ ਪਰੀ॥੨॥੭॥੯੩॥		Pooran Poor Rehiou Kirapaa Nidhh Kahu Naanak Maeree Pooree Paree ||2||7||93||	The Perfect Lord, the treasure of mercy, is permeating everywhere. Says Nanak, I am fully fulfilled. ||2||7||93||	ਕਿਰਪਾ ਦਾ ਖ਼ਜ਼ਾਨਾ ਪਰਮਾਤਮਾ ਹਰ ਥਾਂ ਪੂਰਨ ਤੌਰ ਤੇ ਵਿਆਪਕ ਦਿੱਸ ਰਿਹਾ ਹੈ। ਨਾਨਕ ਆਖਦਾ ਹੈ- (ਹੇ ਭਾਈ! ਗੁਰੂ ਦੀ ਮੇਹਰ ਨਾਲ) ਮੇਰੀ ਮੇਹਨਤ ਸਫਲ ਹੋ ਗਈ ਹੈ ॥੨॥੭॥੯੩॥
35110	823	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35111	823	ਮਨ ਕਿਆ ਕਹਤਾ ਹਉ ਕਿਆ ਕਹਤਾ॥		Man Kiaa Kehathaa Ho Kiaa Kehathaa ||	What does the mind say? What can I say?	ਹੇ ਮਨ! ਤੂੰ ਕੀਹ ਕਹਿ ਰਿਹਾ ਹੈਂ? ਹੇ ਜੀਵ! ਤੂੰ ਕੀਹ ਆਖਦਾ ਹੈਂ?
35112	823	ਜਾਨ ਪ੍ਰਬੀਨ ਠਾਕੁਰ ਪ੍ਰਭ ਮੇਰੇ ਤਿਸੁ ਆਗੈ ਕਿਆ ਕਹਤਾ॥੧॥ਰਹਾਉ॥		Jaan Prabeen Thaakur Prabh Maerae This Aagai Kiaa Kehathaa ||1|| Rehaao ||	You are wise and all-knowing, O God, my Lord and Master; what can I say to You? ||1||Pause||	ਮੇਰੇ ਠਾਕੁਰ ਪ੍ਰਭੂ ਜੀ ਤਾਂ ਸਭ ਜੀਵਾਂ ਦੇ ਦਿਲਾਂ ਦੀ ਜਾਣਨ ਤੇ ਸਮਝਣ ਵਾਲੇ ਹਨ। ਹੇ ਜੀਵ! ਉਸ ਅੱਗੇ ਕੋਈ (ਠੱਗੀ-ਫ਼ਰੇਬ ਦੀ) ਗੱਲ ਨਹੀਂ ਆਖੀ ਜਾ ਸਕਦੀ ॥੧॥ ਰਹਾਉ ॥

35113	823	ਅਨ ਬੋਲੇ ਕਉ ਤੁਹੀ ਪਛਾਨਹਿ ਜੋ ਜੀਅਨ ਮਹਿ ਹੋਤਾ॥		Anabolae Ko Thuhee Pashhaanehi Jo Jeean Mehi Hothaa ||	You know even what is not said, whatever is in the soul.	ਹੇ ਪ੍ਰਭੂ! ਜੋ ਅਸਾਂ ਜੀਵਾਂ ਦੇ ਦਿਲਾਂ ਵਿਚ ਹੁੰਦਾ ਹੈ, ਉਸ ਨੂੰ ਦੱਸਣ ਤੋਂ ਬਿਨਾ ਤੂੰ ਆਪ ਹੀ (ਪਹਿਲਾਂ ਹੀ) ਪਛਾਣ ਲੈਂਦਾ ਹੈਂ।
35114	823	ਰੇ ਮਨ ਕਾਇ ਕਹਾ ਲਉ ਡਹਕਹਿ ਜਉ ਪੇਖਤ ਹੀ ਸੰਗਿ ਸੁਨਤਾ॥੧॥	ਡਹਕ-ਹਿ	Rae Man Kaae Kehaa Lo Ddehakehi Jo Paekhath Hee Sang Sunathaa ||1||	O mind, why do you deceive others? How long will you do this? The Lord is with you; He hears and sees everything. ||1||	ਹੇ ਮਨ! ਤੂੰ ਕਿਉਂ ਠੱਗੀ ਕਰਦਾ ਹੈਂ? ਕਦ ਤਕ ਠੱਗੀ ਕਰੀ ਜਾਵੇਂਗਾ? ਪਰਮਾਤਮਾ ਤਾਂ ਤੇਰੇ ਨਾਲ (ਵੱਸਦਾ ਹੋਇਆ ਤੇਰੇ ਕਰਮ) ਵੇਖ ਰਿਹਾ ਹੈ, ਤੇ, ਸੁਣ ਭੀ ਰਿਹਾ ਹੈ ॥੧॥
35115	823	ਐਸੋ ਜਾਨਿ ਭਏ ਮਨਿ ਆਨਦ ਆਨ ਨ ਬੀਓ ਕਰਤਾ॥		Aiso Jaan Bheae Man Aanadh Aan N Beeou Karathaa ||	Knowing this, my mind has become blissful; there is no other Creator.	ਹੇ ਭਾਈ! ਇਹ ਜਾਣ ਕੇ ਕਿ, ਪਰਮਾਤਮਾ ਤੋਂ ਬਿਨਾ ਕੋਈ ਹੋਰ ਦੂਜਾ ਕੁਝ ਭੀ ਕਰਨ ਜੋਗਾ ਨਹੀਂ, (ਜਾਣਨ ਵਾਲੇ ਦੇ) ਮਨ ਵਿਚ ਹੁਲਾਰਾ ਪੈਦਾ ਹੋ ਜਾਂਦਾ ਹੈ।
35116	823	ਕਹੁ ਨਾਨਕ ਗੁਰ ਭਏ ਦਇਆਰਾ ਹਰਿ ਰੰਗੁ ਨ ਕਬਹੂ ਲਹਤਾ॥੨॥੮॥੯੪॥		Kahu Naanak Gur Bheae Dhaeiaaraa Har Rang N Kabehoo Lehathaa ||2||8||94||	Says Nanak, the Guru has become kind to me; my love for the Lord shall never wear off. ||2||8||94||	ਨਾਨਕ ਆਖਦਾ ਹੈ- ਜਿਸ ਮਨੁੱਖ ਉਤੇ ਗੁਰੂ ਮਿਹਰਬਾਨ ਹੁੰਦਾ ਹੈ (ਉਸ ਦੇ ਦਿਲ ਵਿਚੋਂ) ਪਰਮਾਤਮਾ ਦਾ ਪ੍ਰੇਮ-ਰੰਗ ਕਦੇ ਨਹੀਂ ਉਤਰਦਾ ॥੨॥੮॥੯੪॥

35117	823	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35118	823	ਨਿੰਦਕੁ ਐਸੇ ਹੀ ਝਰਿ ਪਰੀਐ॥		Nindhak Aisae Hee Jhar Pareeai ||	Thus, the slanderer crumbles away.	ਹੇ ਭਾਈ! ਸੁਣ, ਨਿੰਦਕ ਭੀ ਇਸੇ ਤਰ੍ਹਾਂ ਆਤਮਕ ਉੱਚਤਾ ਤੋਂ ਡਿੱਗ ਪੈਂਦਾ ਹੈ,
35119	823	ਇਹ ਨੀਸਾਨੀ ਸੁਨਹੁ ਤੁਮ ਭਾਈ ਜਿਉ ਕਾਲਰ ਭੀਤਿ ਗਿਰੀਐ ॥੧॥ਰਹਾਉ॥		Eih Neesaanee Sunahu Thum Bhaaee Jio Kaalar Bheeth Gireeai ||1|| Rehaao ||	This is the distinctive sign - listen, O Siblings of Destiny: he collapses like a wall of sand. ||1||Pause||	ਜਿਵੇਂ ਕੱਲਰ ਦੀ ਕੰਧ (ਕਿਰ ਕਿਰ ਕੇ) ਡਿੱਗ ਪੈਂਦੀ ਹੈ, ਇਹੀ ਨਿਸ਼ਾਨੀ ਨਿੰਦਕ ਦੇ ਜੀਵਨ ਦੀ ਹੈ। (ਨਿੰਦਾ ਉਸ ਦੇ ਆਤਮਕ ਜੀਵਨ ਨੂੰ, ਮਾਨੋ, ਕੱਲਰ ਲੱਗਾ ਹੋਇਆ ਹੈ) ॥੧॥ ਰਹਾਉ ॥
35120	823	ਜਉ ਦੇਖੈ ਛਿਦ੍ਰੁ ਤਉ ਨਿੰਦਕੁ ਉਮਾਹੈ ਭਲੋ ਦੇਖਿ ਦੁਖ ਭਰੀਐ॥		Jo Dhaekhai Shhidhra Tho Nindhak Oumaahai Bhalo Dhaekh Dhukh Bhareeai ||	When the slanderer sees a fault in someone else, he is pleased. Seeing goodness, he is depressed.	ਹੇ ਭਾਈ! ਜਦੋਂ (ਕੋਈ) ਨਿੰਦਕ (ਕਿਸੇ ਮਨੁੱਖ ਦਾ ਕੋਈ) ਨੁਕਸ ਵੇਖਦਾ ਹੈ ਤਦੋਂ ਖ਼ੁਸ਼ ਹੁੰਦਾ ਹੈ, ਪਰ ਕਿਸੇ ਦਾ ਗੁਣ ਵੇਖ ਕੇ ਨਿੰਦਕ ਦੁੱਖੀ ਹੁੰਦਾ ਹੈ।
35121	823	ਆਠ ਪਹਰ ਚਿਤਵੈ ਨਹੀ ਪਹੁਚੈ ਬੁਰਾ ਚਿਤਵਤ ਚਿਤਵਤ ਮਰੀਐ॥੧॥		Aath Pehar Chithavai Nehee Pahuchai Buraa Chithavath Chithavath Mareeai ||1||	Twenty-four hours a day, he plots, but nothing works. The evil man dies, constantly thinking up evil plans. ||1||	ਅੱਠੇ ਪਹਰ (ਹਰ ਵੇਲੇ) ਨਿੰਦਕ ਕਿਸੇ ਨਾਲ ਬੁਰਾਈ ਕਰਨ ਦੀਆਂ ਸੋਚਾਂ ਸੋਚਦਾ ਰਹਿੰਦਾ ਹੈ, ਬੁਰਾਈ ਕਰ ਸਕਣ ਤਕ ਅੱਪੜ ਤਾਂ ਸਕਦਾ ਨਹੀਂ, ਬੁਰਾਈ ਦੀ ਵਿਓਂਤ ਸੋਚਦਿਆਂ ਸੋਚਦਿਆਂ ਹੀ ਆਤਮਕ ਮੌਤੇ ਮਰ ਜਾਂਦਾ ਹੈ ॥੧॥

35122	823	ਨਿੰਦਕੁ ਪ੍ਰਭੂ ਭੁਲਾਇਆ ਕਾਲੁ ਨੇਰੈ ਆਇਆ ਹਰਿ ਜਨ ਸਿਉ ਬਾਦੁ ਉਠਰੀਐ॥	ਉ-ਠਰੀਐ	Nindhak Prabhoo Bhulaaeiaa Kaal Naerai Aaeiaa Har Jan Sio Baadh Outhareeai ||	The slanderer forgets God, death approaches him, and he starts to argue with the humble servant of the Lord.	ਹੇ ਭਾਈ! ਨਿੰਦਕ ਨੂੰ ਜਿਉਂ ਜਿਉਂ ਪ੍ਰਭੂ (ਨਿੰਦਾ ਵਾਲੇ) ਕੁਰਾਹੇ ਪਾਂਦਾ ਹੈ, ਤਿਉਂ ਤਿਉਂ ਨਿੰਦਕ ਦੀ ਮੁਕੰਮਲ ਆਤਮਕ ਮੌਤ ਨੇੜੇ ਆਉਂਦੀ ਜਾਂਦੀ ਹੈ, ਉਹ ਨਿੰਦਕ ਸੰਤ ਜਨਾਂ ਨਾਲ ਵੈਰ ਚੁੱਕੀ ਰੱਖਦਾ ਹੈ।
35123	823	ਨਾਨਕ ਕਾ ਰਾਖਾ ਆਪਿ ਪ੍ਰਭੁ ਸੁਆਮੀ ਕਿਆ ਮਾਨਸ ਬਪੁਰੇ ਕਰੀਐ॥੨॥੯॥੯੫॥		Naanak Kaa Raakhaa Aap Prabh Suaamee Kiaa Maanas Bapurae Kareeai ||2||9||95||	God Himself, the Lord and Master, is Nanak's protector. What can any wretched person do to him? ||2||9||95||	ਪਰ ਹੇ ਨਾਨਕ! ਸੰਤ ਜਨਾਂ ਦਾ ਰਖਵਾਲਾ ਮਾਲਕ-ਪ੍ਰਭੂ ਆਪ ਹੀ ਹੈ। ਵਿਚਾਰੇ ਜੀਵ ਉਹਨਾਂ ਦਾ ਕੁਝ ਨਹੀਂ ਵਿਗਾੜ ਸਕਦੇ ॥੨॥੯॥੯੫॥
35124	823	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35125	823	ਐਸੇ ਕਾਹੇ ਭੂਲਿ ਪਰੇ॥		Aisae Kaahae Bhool Parae ||	Why do you wander in delusion like this?	(ਹੇ ਭਾਈ! ਪਤਾ ਨਹੀਂ ਜੀਵ) ਕਿਉਂ ਇਸ ਤਰ੍ਹਾਂ ਕੁਰਾਹੇ ਪਏ ਰਹਿੰਦੇ ਹਨ।

35126	823	ਕਰਹਿ ਕਰਾਵਹਿ ਮੂਕਰਿ ਪਾਵਹਿ ਪੇਖਤ ਸੁਨਤ ਸਦਾ ਸੰਗਿ ਹਰੇ॥੧॥ਰਹਾਉ॥		Karehi Karaavehi Mookar Paavehi Paekhath Sunath Sadhaa Sang Harae ||1|| Rehaao ||	You act, and incite others to act, and then deny it. The Lord is always with you; He sees and hears everything. ||1||Pause||	(ਜੀਵ ਸਾਰੇ ਮੰਦੇ ਕਰਮ) ਕਰਦੇ ਕਰਾਂਦੇ ਭੀ ਹਨ, (ਫਿਰ) ਮੁੱਕਰ ਭੀ ਜਾਂਦੇ ਹਨ (ਕਿ ਅਸਾਂ ਨਹੀਂ ਕੀਤੇ)। ਪਰ ਪਰਮਾਤਮਾ ਸਦਾ ਸਭ ਜੀਵਾਂ ਦੇ ਨਾਲ ਵੱਸਦਾ (ਸਭਨਾਂ ਦੀਆਂ ਕਰਤੂਤਾਂ) ਵੇਖਦਾ ਸੁਣਦਾ ਹੈ ॥੧॥ ਰਹਾਉ ॥
35127	823	ਕਾਚ ਬਿਹਾਝਨ ਕੰਚਨ ਛਾਡਨ ਬੈਰੀ ਸੰਗਿ ਹੇਤੁ ਸਾਜਨ ਤਿਆਗਿ ਖਰੇ॥		Kaach Bihaajhan Kanchan Shhaaddan Bairee Sang Haeth Saajan Thiaag Kharae ||	You purchase glass, and discard gold; you are in love with your enemy, while you renounce your true friend.	ਹੇ ਭਾਈ! ਕੱਚ ਦਾ ਵਪਾਰ ਕਰਨਾ, ਸੋਨਾ ਛੱਡ ਦੇਣਾ, ਸੱਚੇ ਮਿੱਤਰ ਤਿਆਗ ਕੇ ਵੈਰੀ ਨਾਲ ਪਿਆਰ-(ਇਹ ਹਨ ਜੀਵਾਂ ਦੀਆਂ ਕਰਤੂਤਾਂ)।
35128	823	ਹੋਵਨੁ ਕਉਰਾ ਅਨਹੋਵਨੁ ਮੀਠਾ ਬਿਖਿਆ ਮਹਿ ਲਪਟਾਇ ਜਰੇ॥੧॥		Hovan Kouraa Anehovan Meethaa Bikhiaa Mehi Lapattaae Jarae ||1||	That which exists, seems bitter; that which does not exist, seems sweet to you. Engrossed in corruption, you are burning away. ||1||	ਪਰਮਾਤਮਾ (ਦਾ ਨਾਮ) ਕੌੜਾ ਲੱਗਣਾ, ਮਾਇਆ ਦਾ ਮੋਹ ਮਿੱਠਾ ਲੱਗਣਾ (-ਇਹ ਹੈ ਨਿੱਤ ਦਾ ਸੁਭਾਉ ਜੀਵਾਂ ਦਾ। ਮਾਇਆ ਦੇ ਮੋਹ ਵਿਚ ਫਸ ਕੇ ਸਦਾ ਖਿੱਝਦੇ ਰਹਿੰਦੇ ਹਨ) ॥੧॥

35129	823	ਅੰਧ ਕੂਪ ਮਹਿ ਪਰਿਓ ਪਰਾਨੀ ਭਰਮ ਗੁਬਾਰ ਮੋਹ ਬੰਧਿ ਪਰੇ॥		Andhh Koop Mehi Pariou Paraanee Bharam Gubaar Moh Bandhh Parae ||	The mortal has fallen into the deep, dark pit, and is entangled in the darkness of doubt, and the bondage of emotional attachment.	ਹੇ ਭਾਈ! ਜੀਵ (ਸਦਾ) ਮੋਹ ਦੇ ਅੰਨ੍ਹੇ (ਹਨੇਰੇ) ਖੂਹ ਵਿਚ ਪਏ ਰਹਿੰਦੇ ਹਨ, (ਜੀਵਾਂ ਨੂੰ ਸਦਾ) ਭਟਕਣਾ ਲੱਗੀ ਰਹਿੰਦੀ ਹੈ, ਮੋਹ ਦੇ ਹਨੇਰੇ ਜਕੜ ਵਿਚ ਫਸੇ ਰਹਿੰਦੇ ਹਨ (ਪਤਾ ਨਹੀਂ ਇਹ ਕਿਉਂ ਇਸ ਤਰ੍ਹਾਂ ਕੁਰਾਹੇ ਪਏ ਰਹਿੰਦੇ ਹਨ)।
35130	823	ਕਹੁ ਨਾਨਕ ਪ੍ਰਭ ਹੋਤ ਦਇਆਰਾ ਗੁਰੁ ਭੇਟੈ ਕਾਢੈ ਬਾਹ ਫਰੇ॥੨॥੧੦॥੯੬॥		Kahu Naanak Prabh Hoth Dhaeiaaraa Gur Bhaettai Kaadtai Baah Farae ||2||10||96||	Says Nanak, when God becomes merciful, one meets with the Guru, who takes him by the arm, and lifts him out. ||2||10||96||	ਨਾਨਕ ਆਖਦਾ ਹੈ- ਜਿਸ ਮਨੁੱਖ ਉੱਤੇ ਪ੍ਰਭੂ ਦਇਆਵਾਨ ਹੁੰਦਾ ਹੈ, ਉਸ ਨੂੰ ਗੁਰੂ ਮਿਲ ਪੈਂਦਾ ਹੈ (ਤੇ, ਗੁਰੂ ਉਸ ਦੀ) ਬਾਂਹ ਫੜ ਕੇ (ਉਸ ਨੂੰ ਹਨੇਰੇ ਖੂਹ ਵਿਚੋਂ) ਕੱਢ ਲੈਂਦਾ ਹੈ ॥੨॥੧੦॥੯੬॥
35131	823	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35132	823	ਮਨ ਤਨ ਰਸਨਾ ਹਰਿ ਚੀਨ੍ਹਾ॥		Man Than Rasanaa Har Cheenhaa ||	With my mind, body and tongue, I remember the Lord.	ਮੇਰੇ ਮਨ ਮੇਰੇ ਤਨ ਮੇਰੀ ਜੀਭ ਨੇ ਪਰਮਾਤਮਾ ਨਾਲ ਸਾਂਝ ਪਾ ਲਈ ਹੈ।

35133	823	ਭਏ ਅਨੰਦਾ ਮਿਟੇ ਅੰਦੇਸੇ ਸਰਬ ਸੂਖ ਮੋਕਉ ਗੁਰਿ ਦੀਨ੍ਹਾ ॥੧॥ਰਹਾਉ॥		Bheae Anandhaa Mittae Andhaesae Sarab Sookh Mo Ko Gur Dheenhaa ||1|| Rehaao ||	I am in ecstasy, and my anxieties are dispelled; the Guru has blessed me with total peace. ||1||Pause||	(ਹੇ ਭਾਈ! ਮੇਰੇ) ਗੁਰੂ ਨੇ ਮੈਨੂੰ ਸਾਰੇ (ਹੀ) ਸੁਖ ਦੇ ਦਿੱਤੇ ਹਨ, ਮੇਰੇ ਫ਼ਿਕਰ-ਅੰਦੇਸ਼ੇ ਮਿਟ ਗਏ ਹਨ, ਮੇਰੇ ਅੰਦਰ ਆਨੰਦ ਹੀ ਆਨੰਦ ਬਣ ਗਿਆ ਹੈ (ਕਿਉਂਕਿ ਗੁਰੂ ਦੀ ਕਿਰਪਾ ਨਾਲ) ॥੧॥ ਰਹਾਉ ॥
35134	823	ਇਆਨਪ ਤੇ ਸਭ ਭਈ ਸਿਆਨਪ ਪ੍ਰਭੁ ਮੇਰਾ ਦਾਨਾ ਬੀਨਾ॥		Eiaanap Thae Sabh Bhee Siaanap Prabh Maeraa Dhaanaa Beenaa ||	My ignorance has been totally transformed into wisdom. My God is wise and all-knowing.	ਹੇ ਭਾਈ! ਬੇ-ਸਮਝੀ ਦੇ ਥਾਂ ਹੁਣ ਮੇਰੇ ਅੰਦਰ ਅਕਲਮੰਦੀ ਹੀ ਪੈਦਾ ਹੋ ਗਈ ਹੈ (ਕਿਉਂਕਿ ਗੁਰੂ ਦੀ ਕਿਰਪਾ ਨਾਲ ਮੈਨੂੰ ਯਕੀਨ ਬਣ ਗਿਆ ਹੈ ਕਿ) ਪਰਮਾਤਮਾ (ਸਭ ਦੇ ਦਿਲਾਂ ਦੀ) ਜਾਣਨ ਵਾਲਾ ਹੈ (ਸਭ ਦੇ ਕੀਤੇ ਕੰਮ) ਵੇਖਣ ਵਾਲਾ ਹੈ।
35135	823	ਹਾਥ ਦੇਇ ਰਾਖੈ ਅਪਨੇ ਕਉ ਕਾਹੂ ਨ ਕਰ ਤੇ ਕਛੁ ਖੀਨਾ॥੧॥	ਕਾਹੂਕਿਸੇ ਦੇ। ਕਰਹੱਥ। ਤੇਤੋਂ। ਖੀਨਾਨਾਸ	Haathh Dhaee Raakhai Apanae Ko Kaahoo N Karathae Kashh Kheenaa ||1||	Giving me His Hand, He saved me, and now no one can harm me at all. ||1||	(ਮੈਨੂੰ ਨਿਸ਼ਚਾ ਆ ਗਿਆ ਹੈ ਕਿ) ਪਰਮਾਤਮਾ ਆਪਣੇ ਸੇਵਕ ਨੂੰ ਆਪ ਹੱਥ ਦੇ ਕੇ ਬਚਾ ਲੈਂਦਾ ਹੈ, ਕੋਈ ਭੀ ਮਨੁੱਖ (ਸੇਵਕ ਦਾ) ਕੁਝ ਨਹੀਂ ਵਿਗਾੜ ਸਕਦਾ ॥੧॥
35136	823	ਬਲਿ ਜਾਵਉ ਦਰਸਨ ਸਾਧੂ ਕੈ ਜਿਹ ਪ੍ਰਸਾਦਿ ਹਰਿ ਨਾਮੁ ਲੀਨਾ॥		Bal Jaavo Dharasan Saadhhoo Kai Jih Prasaadh Har Naam Leenaa ||	I am a sacrifice to the Blessed Vision of the Holy; by their Grace, I contemplate the Lord's Name.	ਹੇ ਭਾਈ! ਮੈਂ ਗੁਰੂ ਦੇ ਦਰਸ਼ਨ ਤੋਂ ਸਦਕੇ ਜਾਂਦਾ ਹਾਂ, ਕਿਉਂਕਿ ਉਸ ਗੁਰੂ ਦੀ ਕਿਰਪਾ ਨਾਲ (ਹੀ) ਮੈਂ ਪਰਮਾਤਮਾ ਦਾ ਨਾਮ ਜਪ ਸਕਿਆ ਹਾਂ।

35137	823	ਕਹੁ ਨਾਨਕ ਠਾਕੁਰ ਭਾਰੋਸੈ ਕਹੂ ਨ ਮਾਨਿਓ ਮਨਿ ਛੀਨਾ॥੨॥੧੧॥੯੭॥		Kahu Naanak Thaakur Bhaarosai Kehoo N Maaniou Man Shheenaa ||2||11||97||	Says Nanak, I place my faith in my Lord and Master; within my mind, I do not believe in any other, even for an instant. ||2||11||97||	ਨਾਨਕ ਆਖਦਾ ਹੈ- (ਹੁਣ) ਪਰਮਾਤਮਾ ਦੇ ਭਰੋਸੇ ਤੇ ਕਿਸੇ ਹੋਰ (ਆਸਰੇ) ਨੂੰ ਇਕ ਛਿਨ ਵਾਸਤੇ ਭੀ ਮੈਂ ਆਪਣੇ ਮਨ ਵਿਚ ਨਹੀਂ ਮੰਨਦਾ ॥੨॥੧੧॥੯੭॥
35138	823	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35139	823	ਗੁਰਿ ਪੂਰੈ ਮੇਰੀ ਰਾਖਿ ਲਈ॥		Gur Poorai Maeree Raakh Lee ||	The Perfect Guru has has saved me.	(ਹੇ ਭਾਈ! ਵਿਕਾਰਾਂ ਦੇ ਟਾਕਰੇ ਤੇ) ਪੂਰੇ ਗੁਰੂ ਨੇ ਮੇਰੀ ਇੱਜ਼ਤ ਰੱਖ ਲਈ ਹੈ।
35140	823	ਅੰਮ੍ਰਿਤ ਨਾਮੁ ਰਿਦੇ ਮਹਿ ਦੀਨੋ ਜਨਮ ਜਨਮ ਕੀ ਮੈਲੁ ਗਈ॥੧॥ਰਹਾਉ॥		Anmrith Naam Ridhae Mehi Dheeno Janam Janam Kee Mail Gee ||1|| Rehaao ||	He has enshrined the Ambrosial Name of the Lord within my heart, and the filth of countless incarnations has been washed away. ||1||Pause||	ਗੁਰੂ ਨੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਮੇਰੇ ਹਿਰਦੇ ਵਿਚ ਵਸਾ ਦਿੱਤਾ ਹੈ, (ਉਸ ਨਾਮ ਦੀ ਬਰਕਤਿ ਨਾਲ) ਅਨੇਕਾਂ ਜਨਮਾਂ ਦੇ ਕੀਤੇ ਕਰਮਾਂ ਦੀ ਮੈਲ ਮੇਰੇ ਮਨ ਵਿਚੋਂ ਦੂਰ ਹੋ ਗਈ ਹੈ ॥੧॥ ਰਹਾਉ ॥
35141	823	ਨਿਵਰੇ ਦੂਤ ਦੁਸਟ ਬੈਰਾਈ ਗੁਰ ਪੂਰੇ ਕਾ ਜਪਿਆ ਜਾਪੁ॥		Nivarae Dhooth Dhusatt Bairaaee Gur Poorae Kaa Japiaa Jaap ||	The demons and wicked enemies are driven out, by meditating, and chanting the Chant of the Perfect Guru.	ਹੇ ਭਾਈ! ਪੂਰੇ ਗੁਰੂ ਦਾ ਦੱਸਿਆ ਹੋਇਆ ਹਰਿ-ਨਾਮ ਦਾ ਜਾਪ ਜਦੋਂ ਤੋਂ ਮੈਂ ਜਪਣਾ ਸ਼ੁਰੂ ਕੀਤਾ ਹੈ, (ਕਾਮਾਦਿਕ) ਸਾਰੇ ਵੈਰੀ ਦੁਰਜਨ ਨੱਸ ਗਏ ਹਨ।

35142	824	ਕਹਾ ਕਰੈ ਕੋਈ ਬੇਚਾਰਾ ਪ੍ਰਭ ਮੇਰੇ ਕਾ ਬਡ ਪਰਤਾਪੁ॥੧॥		Kehaa Karai Koee Baechaaraa Prabh Maerae Kaa Badd Parathaap ||1||	What can any wretched creature do to me? The radiance of my God is gloriously great. ||1||	ਮੇਰੇ ਪ੍ਰਭੂ ਦੀ ਬੜੀ ਤਾਕਤ ਹੈ, ਹੁਣ (ਇਹਨਾਂ ਵਿਚੋਂ) ਕੋਈ ਭੀ ਮੇਰਾ ਕੁਝ ਵਿਗਾੜ ਨਹੀਂ ਸਕਦਾ ॥੧॥
35143	824	ਸਿਮਰਿ ਸਿਮਰਿ ਸਿਮਰਿ ਸੁਖੁ ਪਾਇਆ ਚਰਨਕਮਲ ਰਖੁ ਮਨ ਮਾਹੀ॥		Simar Simar Simar Sukh Paaeiaa Charan Kamal Rakh Man Maahee ||	Meditating, meditating, meditating in remembrance, I have found peace; I have enshrined His Lotus Feet within my mind.	(ਹੇ ਭਾਈ! ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਸੋਹਣੇ ਚਰਨ) ਮੇਰੇ ਮਨ ਵਿਚ ਆਸਰਾ ਬਣ ਗਏ ਹਨ, ਉਸ ਦਾ ਨਾਮ (ਹਰ ਵੇਲੇ) ਸਿਮਰ ਸਿਮਰ ਕੇ ਮੈਂ ਆਤਮਕ ਆਨੰਦ ਪ੍ਰਾਪਤ ਕੀਤਾ ਹੈ।
35144	824	ਤਾ ਕੀ ਸਰਨਿ ਪਰਿਓ ਨਾਨਕ ਦਾਸੁ ਜਾ ਤੇ ਊਪਰਿ ਕੋ ਨਾਹੀ॥੨॥੧੨॥੯੮॥		Thaa Kee Saran Pariou Naanak Dhaas Jaa Thae Oopar Ko Naahee ||2||12||98||	Slave Nanak has entered His Sanctuary; there is none above Him. ||2||12||98||	ਹੇ ਭਾਈ! (ਪ੍ਰਭੂ ਦਾ) ਦਾਸ ਨਾਨਕ ਉਸ (ਪ੍ਰਭੂ) ਦੀ ਸਰਨ ਪੈ ਗਿਆ ਹੈ ਜਿਸ ਤੋਂ ਵੱਡਾ ਹੋਰ ਕੋਈ ਨਹੀਂ ॥੨॥੧੨॥੯੮॥
35145	824	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

35146	824	ਸਦਾ ਸਦਾ ਜਪੀਐ ਪ੍ਰਭ ਨਾਮ॥		Sadhaa Sadhaa Japeeai Prabh Naam ||	Forever and ever, chant the Name of God.	ਹੇ ਭਾਈ! ਸਦਾ ਹੀ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ।
35147	824	ਜਰਾ ਮਰਾ ਕਛੁ ਦੂਖੁ ਨ ਬਿਆਪੈ ਆਗੈ ਦਰਗਹ ਪੂਰਨ ਕਾਮ॥੧॥ਰਹਾਉ॥		Jaraa Maraa Kashh Dhookh N Biaapai Aagai Dharageh Pooran Kaam ||1|| Rehaao ||	The pains of old age and death shall not afflict you, and in the Court of the Lord hereafter, your affairs shall be perfectly resolved. ||1||Pause||	(ਨਾਮ ਜਪਣ ਦੀ ਬਰਕਤਿ ਨਾਲ ਅਜੇਹੀ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ, ਜਿਸ ਨੂੰ) ਬੁਢੇਪਾ, ਮੌਤ ਜਾਂ ਦੁੱਖ ਕੁੱਝ ਭੀ ਪੋਹ ਨਹੀਂ ਸਕਦਾ। ਅਗਾਂਹ ਪਰਮਾਤਮਾ ਦੀ ਹਜ਼ੂਰੀ ਵਿਚ ਭੀ ਸਫਲਤਾ ਮਿਲਦੀ ਹੈ ॥੧॥ ਰਹਾਉ ॥
35148	824	ਆਪੁ ਤਿਆਗਿ ਪਰੀਐ ਨਿਤ ਸਰਨੀ ਗੁਰ ਤੇ ਪਾਈਐ ਏਹੁ ਨਿਧਾਨੁ॥		Aap Thiaag Pareeai Nith Saranee Gur Thae Paaeeai Eaehu Nidhhaan ||	So forsake your self-conceit, and ever seek Sanctuary. This treasure is obtained only from the Guru.	(ਪਰ, ਹੇ ਭਾਈ!) ਇਹ (ਨਾਮ-) ਖ਼ਜ਼ਾਨਾ ਗੁਰੂ ਤੋਂ (ਹੀ) ਮਿਲਦਾ ਹੈ, ਆਪਾ-ਭਾਵ ਤਿਆਗ ਕੇ ਸਦਾ (ਗੁਰੂ ਦੀ) ਸਰਨ ਪੈਣਾ ਚਾਹੀਦਾ ਹੈ।
35149	824	ਜਨਮ ਮਰਣ ਕੀ ਕਟੀਐ ਫਾਸੀ ਸਾਚੀ ਦਰਗਹ ਕਾ ਨੀਸਾਨੁ॥੧॥		Janam Maran Kee Katteeai Faasee Saachee Dharageh Kaa Neesaan ||1||	The noose of birth and death is snapped; this is the insignia, the hallmark, of the Court of the True Lord. ||1||	ਇਹ ਨਾਮ ਸਦਾ-ਥਿਰ ਪ੍ਰਭੂ ਦੀ ਹਜ਼ੂਰੀ ਵਿਚ ਪਹੁੰਚਣ ਵਾਸਤੇ ਪਰਵਾਨਾ ਹੈ, (ਨਾਮ ਦੀ ਸਹਾਇਤਾ ਨਾਲ) ਜਨਮ ਮਰਨ ਦੀ ਫਾਹੀ (ਭੀ) ਕੱਟੀ ਜਾਂਦੀ ਹੈ ॥੧॥

35150	824	ਜੋ ਤੁਮ੍ ਕਰਹੁ ਸੋਈ ਭਲ ਮਾਨਉ ਮਨ ਤੇ ਛੂਟੈ ਸਗਲ ਗੁਮਾਨੁ ॥		Jo Thumh Karahu Soee Bhal Maano Man Thae Shhoottai Sagal Gumaan ||	Whatever You do, I accept as good. I have eradicated all egotistical pride from my mind.	(ਹੇ ਭਾਈ! ਜੇ ਮੈਨੂੰ ਤੇਰਾ ਨਾਮ ਮਿਲ ਜਾਏ, ਤਾਂ) ਜੋ ਕੁਝ ਤੂੰ ਕਰਦਾ ਹੈਂ, ਉਹ ਮੈਂ ਭਲਾ ਸਮਝਣ ਲੱਗ ਪਵਾਂਗਾ, (ਤੇਰੇ ਨਾਮ ਦੀ ਬਰਕਤਿ ਨਾਲ) ਮਨ ਤੋਂ ਸਾਰਾ ਅਹੰਕਾਰ ਮੁੱਕ ਜਾਂਦਾ ਹੈ।
35151	824	ਕਹੁ ਨਾਨਕ ਤਾ ਕੀ ਸਰਣਾਈ ਜਾ ਕਾ ਕੀਆ ਸਗਲ ਜਹਾਨੁ॥੨॥੧੩॥੯੯॥		Kahu Naanak Thaa Kee Saranaaee Jaa Kaa Keeaa Sagal Jehaan ||2||13||99||	Says Nanak, I am under His protection; He created the entire Universe. ||2||13||99||	ਨਾਨਕ ਆਖਦਾ ਹੈ- (ਹੇ ਭਾਈ!) ਉਸ ਪਰਮਾਤਮਾ ਦੀ ਸਰਨ ਪਏ ਰਹਿਣਾ ਚਾਹੀਦਾ ਹੈ, ਸਾਰਾ ਜਹਾਨ ਜਿਸ ਦਾ ਪੈਦਾ ਕੀਤਾ ਹੋਇਆ ਹੈ ॥੨॥੧੩॥੯੯॥
35152	824	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35153	824	ਮਨ ਤਨ ਅੰਤਰਿ ਪ੍ਰਭੁ ਆਹੀ॥		Man Than Anthar Prabh Aahee ||	Deep within the nucleus of his mind and body, is God.	ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਹਿਰਦੇ ਵਿਚ (ਸਦਾ) ਪ੍ਰਭੂ ਵੱਸਦਾ ਹੈ,
35154	824	ਹਰਿ ਗੁਨ ਗਾਵਤ ਪਰਉਪਕਾਰ ਨਿਤ ਤਿਸੁ ਰਸਨਾ ਕਾ ਮੋਲੁ ਕਿਛੁ ਨਾਹੀ॥੧॥ਰਹਾਉ॥		Har Gun Gaavath Paroupakaar Nith This Rasanaa Kaa Mol Kishh Naahee ||1|| Rehaao ||	He continually sings the Glorious Praises of the Lord, and always does good for others; his tongue is priceless. ||1||Pause||	ਪ੍ਰਭੂ ਦੇ ਗੁਣ ਗਾਂਦਿਆਂ, ਦੂਜਿਆਂ ਦੀ ਭਲਾਈ ਦੀਆਂ ਗੱਲਾਂ ਸਦਾ ਕਰਦਿਆਂ, ਉਸ ਮਨੁੱਖ ਦੀ ਜੀਭ ਅਮੋਲਕ ਹੋ ਜਾਂਦੀ ਹੈ ॥੧॥ ਰਹਾਉ ॥

35155	824	ਕੁਲ ਸਮੂਹ ਉਧਰੇ ਖਿਨ ਭੀਤਰਿ ਜਨਮ ਜਨਮ ਕੀ ਮਲੁ ਲਾਹੀ॥		Kul Samooh Oudhharae Khin Bheethar Janam Janam Kee Mal Laahee ||	All his generations are redeemed and saved in an instant, and the filth of countless incarnations is washed away.	ਹੇ ਭਾਈ! (ਸਿਮਰਨ ਕਰਨ ਵਾਲੇ ਸੰਤ ਭਗਤ) ਜਨਮਾਂ ਜਨਮਾਂ ਦੇ ਕੀਤੇ ਕਰਮਾਂ ਦੀ ਮੈਲ ਲਾਹ ਲੈਂਦੇ ਹਨ। ਉਹਨਾਂ ਦੀਆਂ ਸਾਰੀਆਂ ਕੁਲਾਂ ਭੀ ਖਿਨ ਵਿਚ (ਸੰਸਾਰ-ਜੰਗਲ ਵਿਚੋਂ) ਬਚ ਨਿਕਲਦੀਆਂ ਹਨ।
35156	824	ਸਿਮਰਿ ਸਿਮਰਿ ਸੁਆਮੀ ਪ੍ਰਭੁ ਅਪਨਾ ਅਨਦ ਸੇਤੀ ਬਿਖਿਆ ਬਨੁ ਗਾਹੀ॥੧॥	(ਬਿਖਿਆ)ਮਾਇਆ, ਔਗੁਣਾਂ ਵਿਕਾਰਾਂ ਦੀ (ਬਿਖਿਆ)ਜ਼ਹਿਰ ਦਾ, ਬਨਜੰਗਲ। (ਗਾਹੀ)ਲੰਘਣਾ	Simar Simar Suaamee Prabh Apanaa Anadh Saethee Bikhiaa Ban Gaahee ||1||	Meditating, meditating in remembrance on God, his Lord and Master, he passes blissfully through the forest of poison. ||1||	ਆਪਣੇ ਮਾਲਕ-ਪ੍ਰਭੂ ਦਾ ਨਾਮ ਸਦਾ ਸਿਮਰ ਕੇ (ਉਹ ਭਗਤ) ਮਾਇਆ (ਦੇ ਸੰਸਾਰ-) ਜੰਗਲ ਤੋਂ ਬੜੇ ਆਨੰਦ ਨਾਲ ਪਾਰ ਲੰਘ ਜਾਂਦੇ ਹਨ ॥੧॥
35157	824	ਚਰਨ ਪ੍ਰਭੂ ਕੇ ਬੋਹਿਥੁ ਪਾਏ ਭਵ ਸਾਗਰੁ ਪਾਰਿ ਪਰਾਹੀ॥		Charan Prabhoo Kae Bohithh Paaeae Bhav Saagar Paar Paraahee ||	I have obtained the boat of God's Feet, to carry me across the terrifying world-ocean.	ਹੇ ਭਾਈ! ਜੇਹੜੇ ਮਨੁੱਖ ਪਰਮਾਤਮਾ ਦੇ ਚਰਨਾਂ ਦਾ ਜਹਾਜ਼ ਪ੍ਰਾਪਤ ਕਰ ਲੈਂਦੇ ਹਨ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ।

35158	824	ਸੰਤ ਸੇਵਕ ਭਗਤ ਹਰਿ ਤਾ ਕੇ ਨਾਨਕ ਮਨੁ ਲਾਗਾ ਹੈ ਤਾਹੀ॥੨॥੧੪॥੧੦੦॥		Santh Saevak Bhagath Har Thaa Kae Naanak Man Laagaa Hai Thaahee ||2||14||100||	The Saints, servants and devotees belong to the Lord; Nanak's mind is attached to Him. ||2||14||100||	ਹੇ ਨਾਨਕ! ਉਹੀ ਮਨੁੱਖ ਉਸ ਪ੍ਰਭੂ ਦੇ ਸੰਤ ਹਨ, ਭਗਤ ਹਨ, ਸੇਵਕ ਹਨ। ਉਹਨਾਂ ਦਾ ਮਨ ਉਸ ਪ੍ਰਭੂ ਵਿਚ ਹੀ ਸਦਾ ਟਿਕਿਆ ਰਹਿੰਦਾ ਹੈ ॥੨॥੧੪॥੧੦੦॥
35159	824	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35160	824	ਧੀਰਉ ਦੇਖਿ ਤੁਮ੍ਹਾਰੇ ਰੰਗਾ॥		Dhheero Dhaekh Thumhaarai Rangaa ||	I am reassured, gazing upon Your wondrous play.	ਹੇ ਪ੍ਰਭੂ! ਤੇਰੇ ਚੋਜ-ਤਮਾਸ਼ੇ ਵੇਖ ਵੇਖ ਕੇ ਮੈਨੂੰ (ਭੀ) ਹੌਸਲਾ ਬਣ ਰਿਹਾ ਹੈ (ਕਿ ਤੂੰ ਮੇਰੀ ਭੀ ਸਹਾਇਤਾ ਕਰੇਂਗਾ)।
35161	824	ਤੁਹੀ ਸੁਆਮੀ ਅੰਤਰਜਾਮੀ ਤੂਹੀ ਵਸਹਿ ਸਾਧ ਕੈ ਸੰਗਾ॥੧॥ਰਹਾਉ॥		Thuhee Suaamee Antharajaamee Thoohee Vasehi Saadhh Kai Sangaa ||1|| Rehaao ||	You are my Lord and Master, the Inner-knower, the Searcher of hearts; You dwell with the Holy Saints. ||1||Pause||	ਤੂੰ ਹੀ (ਸਾਡਾ) ਮਾਲਕ ਹੈਂ, ਤੂੰ ਹੀ ਸਾਡੇ ਦਿਲ ਦੀ ਜਾਣਨ ਵਾਲਾ ਹੈਂ, ਤੂੰ ਹੀ (ਹਰੇਕ) ਸਾਧੂ-ਜਨ ਦੇ ਨਾਲ ਵੱਸਦਾ ਹੈਂ ॥੧॥ ਰਹਾਉ ॥
35162	824	ਖਿਨ ਮਹਿ ਥਾਪਿ ਨਿਵਾਜੇ ਠਾਕੁਰ ਨੀਚ ਕੀਟ ਤੇ ਕਰਹਿ ਰਾਜੰਗਾ॥੧॥		Khin Mehi Thhaap Nivaajae Thaakur Neech Keett Thae Karehi Raajangaa ||1||	In an instant, our Lord and Master establishes and exalts. From a lowly worm, He creates a king. ||1||	ਹੇ ਮਾਲਕ! ਤੂੰ ਨੀਵੇਂ ਕੀੜਿਆਂ (ਵਰਗੇ ਨਾਚੀਜ਼ ਬੰਦਿਆਂ) ਨੂੰ ਰਾਜੇ ਬਣਾ ਦੇਂਦਾ ਹੈਂ। ਤੂੰ ਇਕ ਖਿਨ ਵਿਚ ਹੀ (ਨੀਵਿਆਂ ਨੂੰ) ਥਾਪਣਾ ਦੇ ਕੇ ਮਾਣ-ਆਦਰ ਵਾਲੇ ਬਣਾ ਦਿੱਤਾ ॥੧॥

35163	824	ਕਬਹੂ ਨ ਬਿਸਰੈ ਹੀਏ ਮੋਰੇ ਤੇ ਨਾਨਕ ਦਾਸ ਇਹੀ ਦਾਨੁ ਮੰਗਾ॥੨॥੧੫॥੧੦੧॥		Kabehoo N Bisarai Heeeae Morae Thae Naanak Dhaas Eihee Dhaan Mangaa ||2||15||101||	May I never forget You from my heart; slave Nanak prays for this blessing. ||2||15||101||	ਹੇ ਦਾਸ ਨਾਨਕ! (ਆਖ-ਹੇ ਪ੍ਰਭੂ! ਮੇਹਰ ਕਰ, ਤੇਰਾ ਨਾਮ) ਮੇਰੇ ਹਿਰਦੇ ਤੋਂ ਕਦੇ ਭੀ ਨਾਹ ਭੁੱਲੇ। (ਤੇਰੇ ਦਰ ਤੋਂ) ਮੈਂ ਖ਼ੈਰ ਮੰਗਦਾ ਹਾਂ ॥੨॥੧੫॥੧੦੧॥
35164	824	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35165	824	ਅਚੁਤ ਪੂਜਾ ਜੋਗ ਗੋਪਾਲ॥	ਅ-ਚੁੱਤ।ਪੂਜਾ:ਪੋਲਾ ਬੋਲੋ	Achuth Poojaa Jog Gopaal ||	The imperishable Lord God is worthy of worship and adoration.	ਹੇ ਭਾਈ! ਧਰਤੀ ਦਾ ਰਾਖਾ ਅਤੇ ਅਬਿਨਾਸੀ ਪ੍ਰਭੂ ਹੀ ਪੂਜਾ ਦਾ ਹੱਕਦਾਰ ਹੈ।
35166	824	ਮਨੁ ਤਨੁ ਅਰਪਿ ਰਖਉ ਹਰਿ ਆਗੈ ਸਰਬ ਜੀਆ ਕਾ ਹੈ ਪ੍ਰਤਿਪਾਲ॥੧॥ਰਹਾਉ॥		Man Than Arap Rakho Har Aagai Sarab Jeeaa Kaa Hai Prathipaal ||1|| Rehaao ||	Dedicating my mind and body, I place them before the Lord, the Cherisher of all beings. ||1||Pause||	ਮੈਂ ਆਪਣਾ ਮਨ ਆਪਣਾ ਤਨ ਭੇਟਾ ਕਰ ਕੇ ਉਸ ਪ੍ਰਭੂ ਅੱਗੇ (ਹੀ) ਰਖਦਾ ਹਾਂ। ਉਹ ਪ੍ਰਭੂ ਸਾਰੇ ਜੀਵਾਂ ਦਾ ਪਾਲਣ ਵਾਲਾ ਹੈ ॥੧॥ ਰਹਾਉ ॥

35167	824	ਸਰਨਿ ਸਮ੍ਰਥ ਅਕਥ ਸੁਖਦਾਤਾ ਕਿਰਪਾਸਿੰਧੁ ਬਡੋ ਦਇਆਲ॥	ਸਮ੍ਰੱਥ।ਅ-ਕਥ:ਪੋਲਾ ਬੋਲੋ	Saran Samrathh Akathh Sukhadhaathaa Kirapaa Sindhh Baddo Dhaeiaal ||	His Sanctuary is All-powerful; He cannot be described; He is the Giver of peace, the ocean of mercy, supremely compassionate.	ਹੇ ਭਾਈ! ਪ੍ਰਭੂ ਸਰਨ ਪਏ ਜੀਵ ਦੀ ਰੱਖਿਆ ਕਰਨ ਜੋਗਾ ਹੈ, ਉਸ ਦੇ ਸਰੂਪ ਦਾ ਬਿਆਨ ਨਹੀਂ ਕੀਤਾ ਜਾ ਸਕਦਾ, ਉਹ ਸਾਰੇ ਸੁਖਾਂ ਦਾ ਦੇਣ ਵਾਲਾ ਹੈ, ਕਿਰਪਾ ਦਾ ਸਮੁੰਦਰ ਹੈ, ਬੜਾ ਹੀ ਦਇਆਵਾਨ ਹੈ।
35168	824	ਕੰਠਿ ਲਾਇ ਰਾਖੈ ਅਪਨੇ ਕਉ ਤਿਸ ਨੋ ਲਗੈ ਨ ਤਾਤੀ ਬਾਲ॥੧॥		Kanth Laae Raakhai Apanae Ko This No Lagai N Thaathee Baal ||1||	Holding him close in His embrace, the Lord protects and saves him, and then even the hot wind cannot touch him. ||1||	ਉਹ ਪ੍ਰਭੂ ਆਪਣੇ (ਸੇਵਕ) ਨੂੰ ਆਪਣੇ ਗਲ ਨਾਲ ਲਾ ਕੇ ਰੱਖਦਾ ਹੈ, (ਫਿਰ) ਉਸ (ਸੇਵਕ) ਨੂੰ ਕੋਈ ਦੁੱਖ-ਕਲੇਸ਼ ਰਤਾ ਭਰ ਭੀ ਪੋਹ ਨਹੀਂ ਸਕਦਾ ॥੧॥
35169	824	ਦਾਮੋਦਰ ਦਇਆਲ ਸੁਆਮੀ ਸਰਬਸੁ ਸੰਤ ਜਨਾ ਧਨ ਮਾਲ॥		Dhaamodhar Dhaeiaal Suaamee Sarabas Santh Janaa Dhhan Maal ||	Our Merciful Lord and Master is wealth, property and everything to His humble Saints.	ਹੇ ਭਾਈ! ਪਰਮਾਤਮਾ ਦਇਆ ਦਾ ਘਰ ਹੈ, ਸਭ ਦਾ ਮਾਲਕ ਹੈ, ਸੰਤ ਜਨਾਂ ਵਾਸਤੇ ਉਹੀ ਧਨ ਹੈ ਮਾਲ ਹੈ ਅਤੇ ਸਭ ਕੁਝ ਹੈ।

35170	824	ਨਾਨਕ ਜਾਚਿਕ ਦਰਸੁ ਪ੍ਰਭ ਮਾਗੈ ਸੰਤ ਜਨਾ ਕੀ ਮਿਲੈ ਰਵਾਲ॥੨॥੧੬॥੧੦੨॥		Naanak Jaachik Dharas Prabh Maagai Santh Janaa Kee Milai Ravaal ||2||16||102||	Nanak, a beggar, asks for the Blessed Vision of God's Darshan; please, bless him with the dust of the feet of the Saints. ||2||16||102||	ਉਸ ਪ੍ਰਭੂ (ਦੇ ਦਰ) ਦਾ ਮੰਗਤਾ ਨਾਨਕ ਉਸ ਦੇ ਦਰਸਨ ਦਾ ਖ਼ੈਰ ਮੰਗਦਾ ਹੈ (ਅਤੇ ਅਰਜ਼ੋਈ ਕਰਦਾ ਹੈ ਕਿ ਉਸ ਦੇ) ਸੰਤ ਜਨਾਂ ਦੇ ਚਰਨਾਂ ਦੀ ਧੂੜ ਮਿਲ ਜਾਏ ॥੨॥੧੬॥੧੦੨॥
35171	824	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35172	824	ਸਿਮਰਤ ਨਾਮੁ ਕੋਟਿ ਜਤਨ ਭਏ॥		Simarath Naam Kott Jathan Bheae ||	Meditating on the Naam, the Name of the Lord, is equal to millions of efforts.	ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਦਿਆਂ (ਤੀਰਥ, ਕਰਮ ਕਾਂਡ ਆਦਿਕ) ਕ੍ਰੋੜਾਂ ਹੀ ਉੱਦਮ (ਮਾਨੋ) ਹੋ ਜਾਂਦੇ ਹਨ।
35173	824	ਸਾਧਸੰਗਿ ਮਿਲਿ ਹਰਿ ਗੁਨ ਗਾਏ ਜਮਦੂਤਨ ਕਉ ਤ੍ਰਾਸ ਅਹੇ॥੧॥ਰਹਾਉ॥		Saadhhasang Mil Har Gun Gaaeae Jamadhoothan Ko Thraas Ahae ||1|| Rehaao ||	Joining the Saadh Sangat, the Company of the Holy, sing the Glorious Praises of the Lord, and the Messenger of Death will be frightened away. ||1||Pause||	(ਜਿਸ ਮਨੁੱਖ ਨੇ) ਗੁਰੂ ਦੀ ਸੰਗਤਿ ਵਿਚ ਮਿਲ ਕੇ ਪ੍ਰਭੂ ਦੇ ਗੁਣ ਗਾਣੇ ਸ਼ੁਰੂ ਕਰ ਦਿੱਤੇ, ਜਮਦੂਤਾਂ ਨੂੰ (ਉਸ ਦੇ ਨੇੜੇ ਜਾਣੋਂ) ਡਰ ਆਉਣ ਲੱਗ ਪਿਆ ॥੧॥ ਰਹਾਉ ॥

35174	824	ਜੇਤੇ ਪੁਨਹਚਰਨ ਸੇ ਕੀਨ੍ਹੇ ਮਨਿ ਤਨਿ ਪ੍ਰਭ ਕੇ ਚਰਣ ਗਹੇ॥	ਪੁਨਹ-ਚਰਨ	Jaethae Punehacharan Sae Keenhae Man Than Prabh Kae Charan Gehae ||	To enshrine the Feet of God in one's mind and body, is to perform all sorts of acts of atonement.	ਹੇ ਭਾਈ! ਜਿਸ ਮਨੁੱਖ ਨੇ ਪ੍ਰਭੂ ਦੇ ਚਰਨ ਆਪਣੇ ਮਨ ਵਿਚ ਹਿਰਦੇ ਵਿਚ ਵਸਾ ਲਏ, ਉਸ ਨੇ (ਪਿਛਲੇ ਕਰਮਾਂ ਦੇ ਸੰਸਕਾਰ ਮਿਟਾਣ ਲਈ, ਮਾਨੋ) ਸਾਰੇ ਹੀ ਪ੍ਰਾਸ਼ਚਿਤ ਕਰਮ ਕਰ ਲਏ।
35175	824	ਆਵਣ ਜਾਣੁ ਭਰਮੁ ਭਉ ਨਾਠਾ ਜਨਮ ਜਨਮ ਕੇ ਕਿਲਵਿਖ ਦਹੇ॥੧॥		Aavan Jaan Bharam Bho Naathaa Janam Janam Kae Kilavikh Dhehae ||1||	Coming and going, doubt and fear have run away, and the sins of countless incarnations are burnt away. ||1||	ਉਸ ਦਾ ਜਨਮ ਮਰਨ ਦਾ ਗੇੜ ਮੁੱਕ ਗਿਆ, ਉਸ ਦਾ ਹਰੇਕ ਭਰਮ ਡਰ ਦੂਰ ਹੋ ਗਿਆ, ਉਸ ਦੇ ਅਨੇਕਾਂ ਜਨਮਾਂ ਦੇ ਕੀਤੇ ਪਾਪ ਸੜ ਗਏ ॥੧॥
35176	824	ਨਿਰਭਉ ਹੋਇ ਭਜਹੁ ਜਗਦੀਸੈ ਏਹੁ ਪਦਾਰਥੁ ਵਡਭਾਗਿ ਲਹੇ॥	ਜੱਗਦੀਸੈ	Nirabho Hoe Bhajahu Jagadheesai Eaehu Padhaarathh Vaddabhaag Lehae ||	So become fearless, and vibrate upon the Lord of the Universe. This is true wealth, obtained only by great good fortune.	(ਤਾਂ ਤੇ, ਹੇ ਭਾਈ!) ਨਿਡਰ ਹੋ ਕੇ (ਕਰਮ ਕਾਂਡ ਦਾ ਭਰਮ ਲਾਹ ਕੇ) ਜਗਤ ਦੇ ਮਾਲਕ-ਪ੍ਰਭੂ ਦਾ ਨਾਮ ਜਪਿਆ ਕਰੋ। ਇਹ ਨਾਮ-ਪਦਾਰਥ ਵੱਡੀ ਕਿਸਮਤ ਨਾਲ ਹੀ ਮਿਲਦਾ ਹੈ।

35177	825	ਕਰਿ ਕਿਰਪਾ ਪੂਰਨ ਪ੍ਰਭ ਦਾਤੇ ਨਿਰਮਲ ਜਸੁ ਨਾਨਕ ਦਾਸ ਕਹੇ॥੨॥੧੭॥੧੦੩॥		Kar Kirapaa Pooran Prabh Dhaathae Niramal Jas Naanak Dhaas Kehae ||2||17||103||	Be merciful, O Perfect God, Great Giver, that slave Nanak may chant Your immaculate Praises. ||2||17||103||	ਹੇ ਸਰਬ-ਵਿਆਪਕ ਦਾਤਾਰ ਪ੍ਰਭੂ! ਮੇਹਰ ਕਰ, ਤਾ ਕਿ ਤੇਰਾ ਦਾਸ ਨਾਨਕ ਪਵਿੱਤਰ ਕਰਨ ਵਾਲੀ ਤੇਰੀ ਸਿਫ਼ਤਿ-ਸਾਲਾਹ ਕਰਦਾ ਰਹੇ ॥੨॥੧੭॥੧੦੩॥
35178	825	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35179	825	ਸੁਲਹੀ ਤੇ ਨਾਰਾਇਣ ਰਾਖੁ॥		Sulehee Thae Naaraaein Raakh ||	The Lord saved me from Sulhi Khan.	(ਹੇ ਪ੍ਰਭੂ! ਮੇਰੀ ਸੇਵਕ ਦੀ ਤਾਂ ਤੇਰੇ ਪਾਸ ਹੀ ਅਰਜ਼ੋਈ ਸੀ ਕਿ) ਹੇ ਪ੍ਰਭੂ! (ਸਾਨੂੰ) ਸੁਲਹੀ (ਖਾਂ) ਤੋਂ ਬਚਾ ਲੈ,
35180	825	ਸੁਲਹੀ ਕਾ ਹਾਥੁ ਕਹੀ ਨ ਪਹੁਚੈ ਸੁਲਹੀ ਹੋਇ ਮੂਆ ਨਾਪਾਕੁ॥੧॥ਰਹਾਉ॥		Sulehee Kaa Haathh Kehee N Pahuchai Sulehee Hoe Mooaa Naapaak ||1|| Rehaao ||	The emperor did not succeed in his plot, and he died in disgrace. ||1||Pause||	ਅਤੇ ਸੁਲਹੀ ਦਾ (ਜ਼ੁਲਮ-ਭਰਿਆ) ਹੱਥ (ਸਾਡੇ ਉੱਤੇ) ਕਿਤੇ ਭੀ ਨਾਹ ਅੱਪੜ ਸਕੇ। (ਹੇ ਭਾਈ! ਪ੍ਰਭੂ ਨੇ ਆਪ ਹੀ ਮੇਹਰ ਕੀਤੀ ਹੈ) ਸੁਲਹੀ (ਖਾਂ) ਮਲੀਨ-ਬੁੱਧਿ ਹੋ ਕੇ ਮਰਿਆ ਹੈ ॥੧॥ ਰਹਾਉ ॥

35181	825	ਕਾਢਿ ਕੁਠਾਰੁ ਖਸਮਿ ਸਿਰੁ ਕਾਟਿਆ ਖਿਨ ਮਹਿ ਹੋਇ ਗਇਆ ਹੈ ਖਾਕੁ॥		Kaadt Kuthaar Khasam Sir Kaattiaa Khin Mehi Hoe Gaeiaa Hai Khaak ||	The Lord and Master raised His axe, and chopped off his head; in an instant, he was reduced to dust. ||1||	ਹੇ ਭਾਈ! ਖਸਮ ਪ੍ਰਭੂ ਨੇ (ਮੌਤ-ਰੂਪ) ਕੁਹਾੜਾ ਕੱਢ ਕੇ (ਸੁਲਹੀ ਦਾ) ਸਿਰ ਵੱਢ ਦਿੱਤਾ ਹੈ, (ਜਿਸ ਕਰ ਕੇ ਉਹ) ਇਕ ਖਿਨ ਵਿਚ ਹੀ ਸੁਆਹ ਦੀ ਢੇਰੀ ਹੋ ਗਿਆ ਹੈ।
35182	825	ਮੰਦਾ ਚਿਤਵਤ ਚਿਤਵਤ ਪਚਿਆ ਜਿਨਿ ਰਚਿਆ ਤਿਨਿ ਦੀਨਾ ਧਾਕੁ॥੧॥		Mandhaa Chithavath Chithavath Pachiaa Jin Rachiaa Thin Dheenaa Dhhaak ||1||	Plotting and planning evil, he was destroyed. The One who created him, gave him a push.	ਹੋਰਨਾਂ ਦਾ ਨੁਕਸਾਨ ਕਰਨਾ ਸੋਚਦਾ ਸੋਚਦਾ (ਸੁਲਹੀ) ਸੜ ਮਰਿਆ ਹੈ। ਜਿਸ ਪ੍ਰਭੂ ਨੇ ਉਸ ਨੂੰ ਪੈਦਾ ਕੀਤਾ ਸੀ, ਉਸ ਨੇ (ਹੀ ਉਸ ਨੂੰ ਪਰਲੋਕ ਵਲ ਦਾ) ਧੱਕਾ ਦੇ ਦਿੱਤਾ ਹੈ ॥੧॥
35183	825	ਪੁਤ੍ਰ ਮੀਤ ਧਨੁ ਕਿਛੂ ਨ ਰਹਿਓ ਸੁ ਛੋਡਿ ਗਇਆ ਸਭ ਭਾਈ ਸਾਕੁ॥		Puthr Meeth Dhhan Kishhoo N Rehiou S Shhodd Gaeiaa Sabh Bhaaee Saak ||	Of his sons, friends and wealth, nothing remains; he departed, leaving behind all his brothers and relatives.	ਹੇ ਭਾਈ! ਸਾਰਾ ਸਾਕ (ਕੁਟੰਬ) ਛੱਡ ਕੇ (ਸੁਲਹੀ ਇਸ ਦੁਨੀਆ ਤੋਂ) ਤੁਰ ਗਿਆ ਹੈ। ਉਸ ਦੇ ਭਾ ਦੇ ਨਾਹ ਕੋਈ ਪੁੱਤਰ ਰਹਿ ਗਏ, ਨਾਹ ਕੋਈ ਮਿੱਤਰ ਰਹਿ ਗਏ, ਨਾਹ ਧਨ ਰਹਿ ਗਿਆ, ਉਸ ਦੇ ਭਾ ਦਾ ਕੁਝ ਭੀ ਨਹੀਂ ਰਹਿ ਗਿਆ।

35184	825	ਕਹੁ ਨਾਨਕ ਤਿਸੁ ਪ੍ਰਭ ਬਲਿਹਾਰੀ ਜਿਨਿ ਜਨ ਕਾ ਕੀਨੋ ਪੂਰਨ ਵਾਕੁ॥੨॥੧੮॥੧੦੪॥		Kahu Naanak This Prabh Balihaaree Jin Jan Kaa Keeno Pooran Vaak ||2||18||104||	Says Nanak, I am a sacrifice to God, who fulfilled the word of His slave. ||2||18||104||	ਨਾਨਕ ਆਖਦਾ ਹੈ- ਮੈਂ ਉਸ ਪ੍ਰਭੂ ਤੋਂ ਕੁਰਬਾਨ ਜਾਂਦਾ ਹਾਂ, ਜਿਸ ਨੇ ਆਪਣੇ ਸੇਵਕ ਦੀ ਅਰਦਾਸ ਸੁਣੀ ਹੈ (ਤੇ, ਸੇਵਕ ਨੂੰ ਸੁਲਹੀ ਤੋਂ ਬਚਾਇਆ ਹੈ) ॥੨॥੧੮॥੧੦੪॥
35185	825	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35186	825	ਪੂਰੇ ਗੁਰ ਕੀ ਪੂਰੀ ਸੇਵ॥		Poorae Gur Kee Pooree Saev ||	Perfect is service to the Perfect Guru.	ਹੇ ਭਾਈ! ਪੂਰੇ ਗੁਰੂ ਦਾ ਆਸਰਾ (ਜ਼ਿੰਦਗੀ ਨੂੰ) ਕਾਮਯਾਬ (ਬਣਾ ਦੇਂਦਾ ਹੈ)।
35187	825	ਆਪੇ ਆਪਿ ਵਰਤੈ ਸੁਆਮੀ ਕਾਰਜੁ ਰਾਸਿ ਕੀਆ ਗੁਰਦੇਵ॥੧॥ਰਹਾਉ॥		Aapae Aap Varathai Suaamee Kaaraj Raas Keeaa Guradhaev ||1|| Rehaao ||	Our Lord and Master Himself is Himself all-pervading. The Divine Guru has resolved all my affairs. ||1||Pause||	(ਸਰਨ ਪਏ ਸਿੱਖ ਦਾ) ਹਰੇਕ ਕੰਮ ਗੁਰੂ ਨੇ (ਸਦਾ) ਸਫਲ ਕੀਤਾ ਹੈ। (ਗੁਰੂ ਦੀ ਕਿਰਪਾ ਨਾਲ ਇਹ ਯਕੀਨ ਬਣ ਜਾਂਦਾ ਹੈ ਕਿ) ਮਾਲਕ-ਪ੍ਰਭੂ ਹਰ ਥਾਂ ਆਪ ਹੀ ਆਪ ਮੌਜੂਦ ਹੈ ॥੧॥ ਰਹਾਉ ॥

35188	825	ਆਦਿ ਮਧਿ ਪ੍ਰਭੁ ਅੰਤਿ ਸੁਆਮੀ ਅਪਨਾ ਥਾਟੁ ਬਨਾਇਓ ਆਪਿ॥		Aadh Madhh Prabh Anth Suaamee Apanaa Thhaatt Banaaeiou Aap ||	In the beginning, in the middle and in the end, God is our only Lord and Master. He Himself fashioned His Creation.	(ਹੇ ਭਾਈ! ਗੁਰੂ ਇਹ ਸ਼ਰਧਾ ਪੈਦਾ ਕਰਦਾ ਹੈ ਕਿ) ਜਿਸ ਪ੍ਰਭੂ ਨੇ ਆਪਣੀ ਇਹ ਜਗਤ-ਖੇਡ ਬਣਾਈ ਹੈ ਉਹ ਮਾਲਕ ਪ੍ਰਭੂ (ਇਸ ਖੇਡ ਦੇ) ਸ਼ੁਰੂ ਵਿਚ, ਹੁਣ ਅਤੇ ਅਖ਼ੀਰ ਵਿਚ ਸਦਾ ਕਾਇਮ ਰਹਿਣ ਵਾਲਾ ਹੈ।
35189	825	ਅਪਨੇ ਸੇਵਕ ਕੀ ਆਪੇ ਰਾਖੈ ਪ੍ਰਭ ਮੇਰੇ ਕੋ ਵਡ ਪਰਤਾਪੁ॥੧॥		Apanae Saevak Kee Aapae Raakhai Prabh Maerae Ko Vadd Parathaap ||1||	He Himself saves His servant. Great is the glorious grandeur of my God! ||1||	(ਗੁਰੂ ਤੋਂ ਇਹ ਨਿਸ਼ਚਾ ਮਿਲਦਾ ਹੈ ਕਿ) ਉਸ ਪਰਮਾਤਮਾ ਦੀ ਬੜੀ ਤਾਕਤ ਹੈ, ਆਪਣੇ ਸੇਵਕ ਦੀ ਲਾਜ ਉਹ ਆਪ ਹੀ (ਸਦਾ) ਰੱਖਦਾ ਹੈ ॥੧॥
35190	825	ਪਾਰਬ੍ਰਹਮ ਪਰਮੇਸੁਰ ਸਤਿਗੁਰ ਵਸਿ ਕੀਨੇ ਜਿਨਿ ਸਗਲੇ ਜੰਤ॥		Paarabreham Paramaesur Sathigur Vas Keenhae Jin Sagalae Janth ||	The Supreme Lord God, the Transcendent Lord is the True Guru; all beings are in His power.	ਜਿਸ ਪਾਰਬ੍ਰਹਮ ਪਰਮੇਸਰ ਨੇ ਸਾਰੇ ਜੀਅ ਜੰਤ ਆਪਣੇ ਵੱਸ ਵਿਚ ਰੱਖੇ ਹੋਏ ਹਨ,
35191	825	ਚਰਨਕਮਲ ਨਾਨਕ ਸਰਣਾਈ ਰਾਮ ਨਾਮ ਜਪਿ ਨਿਰਮਲ ਮੰਤ॥੨॥੧੯॥੧੦੫॥		Charan Kamal Naanak Saranaaee Raam Naam Jap Niramal Manth ||2||19||105||	Nanak seeks the Sanctuary of His Lotus Feet, chanting the Lord's Name, the immaculate Mantra. ||2||19||105||	ਹੇ ਨਾਨਕ! ਉਸ ਦੇ ਸੋਹਣੇ ਚਰਨਾਂ ਦੀ ਸਰਨ ਪਏ ਰਹਿਣਾ ਚਾਹੀਦਾ ਹੈ, ਗੁਰੂ ਦੀ ਸਰਨ ਪਏ ਰਹਿਣਾ ਚਾਹੀਦਾ ਹੈ। (ਗੁਰੂ ਦੀ ਸਰਨ ਪੈ ਕੇ) ਪ੍ਰਭੂ ਦਾ ਨਾਮ-ਮੰਤਰ ਜਪਿਆਂ ਪਵਿੱਤਰ ਜੀਵਨ ਵਾਲਾ ਬਣ ਜਾਈਦਾ ਹੈ ॥੨॥੧੯॥੧੦੫॥

35192	825	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35193	825	ਤਾਪ ਪਾਪ ਤੇ ਰਾਖੇ ਆਪ॥		Thaap Paap Thae Raakhae Aap ||	He Himself protects me from suffering and sin.	ਹੇ ਭਾਈ! ਪਰਮਾਤਮਾ ਆਪ ਉਹਨਾਂ ਮਨੁੱਖਾਂ ਨੂੰ ਸਾਰੇ ਦੁੱਖਾਂ-ਕਲੇਸ਼ਾਂ ਤੋਂ ਵਿਕਾਰਾਂ ਤੋਂ ਬਚਾ ਲੈਂਦਾ ਹੈ,
35194	825	ਸੀਤਲ ਭਏ ਗੁਰ ਚਰਨੀ ਲਾਗੇ ਰਾਮ ਨਾਮ ਹਿਰਦੇ ਮਹਿ ਜਾਪ॥੧॥ਰਹਾਉ॥		Seethal Bheae Gur Charanee Laagae Raam Naam Hiradhae Mehi Jaap ||1|| Rehaao ||	Falling at the Guru's Feet, I am cooled and soothed; I meditate on the Lord's Name within my heart. ||1||Pause||	ਉਹਨਾਂ ਦੇ ਹਿਰਦੇ ਠੰਢੇ-ਠਾਰ ਹੋ ਜਾਂਦੇ ਹਨ, ਜੇਹੜੇ ਗੁਰੂ ਦੀ ਚਰਨੀਂ ਲੱਗਦੇ ਹਨ ਅਤੇ ਪਰਮਾਤਮਾ ਦਾ ਨਾਮ ਹਿਰਦੇ ਵਿਚ ਜਪਦੇ ਹਨ ॥੧॥ ਰਹਾਉ ॥
35195	825	ਕਰਿ ਕਿਰਪਾ ਹਸਤ ਪ੍ਰਭਿ ਦੀਨੇ ਜਗਤ ਉਧਾਰ ਨਵ ਖੰਡ ਪ੍ਰਤਾਪ॥	ਉ-ਧਾਰ	Kar Kirapaa Hasath Prabh Dheenae Jagath Oudhhaar Nav Khandd Prathaap ||	Granting His Mercy, God has extended His Hands. He is the Emancipator of the World; His glorious radiance pervades the nine continents.	(ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਪ੍ਰਭੂ ਦਾ ਨਾਮ ਜਾਪਦੇ ਹਨ) ਪ੍ਰਭੂ ਨੇ ਸਦਾ ਮੇਹਰ ਕਰ ਕੇ ਆਪਣੇ ਹੱਥ (ਉਹਨਾਂ ਦੇ ਸਿਰ ਉਤੇ) ਰੱਖੇ ਹਨ। ਉਹ ਪ੍ਰਭੂ ਸਾਰੇ ਜਗਤ ਨੂੰ ਪਾਰ ਲੰਘਾਣ ਵਾਲਾ ਹੈ, ਉਸ ਦਾ ਤੇਜ ਸਾਰੇ ਸੰਸਾਰ ਵਿਚ ਚਮਕ ਰਿਹਾ ਹੈ।

35196	825	ਦੁਖ ਬਿਨਸੇ ਸੁਖ ਅਨਦ ਪ੍ਰਵੇਸਾ ਤ੍ਰਿਸਨ ਬੁਝੀ ਮਨ ਤਨ ਸਚੁ ਧ੍ਰਾਪ॥੧॥	ਬੁਝੀ:ਪੋਲਾ ਬੋਲੋ	Dhukh Binasae Sukh Anadh Pravaesaa Thrisan Bujhee Man Than Sach Dhhraap ||1||	My pain has been dispelled, and peace and pleasure have come; my desire is quenched, and my mind and body are truly satisfied. ||1||	(ਸਿਮਰਨ ਕਰਨ ਵਾਲੇ ਮਨੁੱਖਾਂ ਦੇ) ਸਾਰੇ ਦੁੱਖ ਨਾਸ ਹੋ ਜਾਂਦੇ ਹਨ, ਉਹਨਾਂ ਦੇ ਹਿਰਦੇ ਵਿਚ ਸੁਖ ਆਨੰਦ ਆ ਵੱਸਦੇ ਹਨ, ਸਦਾ-ਥਿਰ ਹਰਿ-ਨਾਮ ਜਪ ਕੇ ਉਹਨਾਂ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ, ਉਹਨਾਂ ਦਾ ਮਨ ਰੱਜ ਜਾਂਦਾ ਹੈ, ਉਹਨਾਂ ਦਾ ਸਰੀਰ (ਇੰਦ੍ਰੇ) ਰੱਜ ਜਾਂਦਾ ਹੈ ॥੧॥
35197	825	ਅਨਾਥ ਕੋ ਨਾਥੁ ਸਰਣਿ ਸਮਰਥਾ ਸਗਲ ਸ੍ਰਿਸਟਿ ਕੋ ਮਾਈ ਬਾਪੁ॥	ਸਮਰੱਥਾ	Anaathh Ko Naathh Saran Samarathhaa Sagal Srisatt Ko Maaee Baap ||	He is the Master of the masterless, All-powerful to give Sanctuary. He is the Mother and Father of the whole Universe.	ਹੇ ਨਾਨਕ! ਪਰਮਾਤਮਾ ਨਿਖਸਮਿਆਂ ਦਾ ਖਸਮ ਹੈ, ਸਰਨ ਆਇਆਂ ਦੀ ਸਹਾਇਤਾ ਕਰਨ-ਜੋਗ ਹੈ, ਸਾਰੀ ਸ੍ਰਿਸ਼ਟੀ ਦਾ ਮਾਂ-ਪਿਉ ਹੈ।
35198	825	ਭਗਤਿ ਵਛਲ ਭੈ ਭੰਜਨ ਸੁਆਮੀ ਗੁਣ ਗਾਵਤ ਨਾਨਕ ਆਲਾਪ॥੨॥੨੦॥੧੦੬॥		Bhagath Vashhal Bhai Bhanjan Suaamee Gun Gaavath Naanak Aalaap ||2||20||106||	He is the Lover of His devotees, the Destroyer of fear; Nanak sings and chants the Glorious Praises of his Lord and Master. ||2||20||106||	ਉਹ ਮਾਲਕ-ਪ੍ਰਭੂ ਭਗਤੀ ਨੂੰ ਪਿਆਰ ਕਰਨ ਵਾਲਾ ਹੈ, ਸਾਰੇ ਡਰ ਦੂਰ ਕਰਨ ਵਾਲਾ ਹੈ, ਉਸ ਦੇ ਗੁਣ ਗਾ ਗਾ ਕੇ ਉਸ ਦਾ ਨਾਮ ਜਪਿਆ ਕਰ ॥੨॥੨੦॥੧੦੬॥
35199	825	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

35200	825	ਜਿਸ ਤੇ ਉਪਜਿਆ ਤਿਸਹਿ ਪਛਾਨੁ॥		Jis Thae Oupajiaa Thisehi Pashhaan ||	Acknowledge the One, from whom You originated.	ਹੇ ਭਾਈ! ਜਿਸ ਪਰਮਾਤਮਾ ਤੋਂ ਤੂੰ ਪੈਦਾ ਹੋਇਆ ਹੈਂ, ਉਸ ਨਾਲ ਹੀ (ਸਦਾ) ਸਾਂਝ ਪਾਈ ਰੱਖ।
35201	825	ਪਾਰਬ੍ਰਹਮੁ ਪਰਮੇਸਰੁ ਧਿਆਇਆ ਕੁਸਲ ਖੇਮ ਹੋਏ ਕਲਿਆਨ॥੧॥ਰਹਾਉ॥		Paarabreham Paramaesar Dhhiaaeiaa Kusal Khaem Hoeae Kaliaan ||1|| Rehaao ||	Meditating on the Supreme Lord God, the Transcendent Lord, I have found peace, pleasure and salvation. ||1||Pause||	ਜਿਸ ਮਨੁੱਖ ਨੇ ਉਸ ਪਾਰਬ੍ਰਹਮ ਪਰਮੇਸਰ ਦਾ ਨਾਮ ਸਿਮਰਿਆ ਹੈ ਉਸ ਦੇ ਅੰਦਰ ਸ਼ਾਂਤੀ ਸੁਖ ਆਨੰਦ ਬਣੇ ਰਹਿੰਦੇ ਹਨ ॥੧॥ ਰਹਾਉ ॥
35202	825	ਗੁਰੁ ਪੂਰਾ ਭੇਟਿਓ ਬਡਭਾਗੀ ਅੰਤਰਜਾਮੀ ਸੁਘੜੁ ਸੁਜਾਨੁ॥		Gur Pooraa Bhaettiou Badd Bhaagee Antharajaamee Sugharr Sujaan ||	I met the Perfect Guru, by great good fortune, and so found the wise and all-knowing Lord, the Inner-knower, the Searcher of hearts.	ਹੇ ਭਾਈ! ਜਿਨ੍ਹਾਂ ਵੱਡੇ ਭਾਗਾਂ ਵਾਲੇ ਬੰਦਿਆਂ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, ਜੋ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ, ਸੋਹਣਾ ਤੇ ਸਿਆਣਾ ਹੈ,
35203	825	ਹਾਥ ਦੇਇ ਰਾਖੇ ਕਰਿ ਅਪਨੇ ਬਡ ਸਮਰਥੁ ਨਿਮਾਣਿਆ ਕੋ ਮਾਨੁ॥੧॥	ਸਮ-ਰੱਥੁ	Haathh Dhaee Raakhae Kar Apanae Badd Samarathh Nimaaniaa Ko Maan ||1||	He gave me His Hand, and making me His own, He saved me; He is absolutely all-powerful, the honor of the dishonored. ||1||	ਜੋ ਵੱਡੀ ਤਾਕਤ ਦਾ ਮਾਲਕ ਹੈ ਅਤੇ ਜੋ ਨਿਮਾਣਿਆਂ ਨੂੰ ਆਦਰ-ਮਾਣ ਦੇਣ ਵਾਲਾ ਹੈ; ਉਹਨਾਂ ਨੂੰ ਹੱਥ ਦੇ ਕੇ ਆਪਣੇ ਬਣਾ ਕੇ ਉਹ ਪਰਮਾਤਮਾ (ਸਭ ਡਰਾਂ ਭਰਮਾਂ ਤੋਂ) ਬਚਾਈ ਰੱਖਦਾ ਹੈ ॥੧॥

35204	825	ਭ੍ਰਮ ਭੈ ਬਿਨਸਿ ਗਏ ਖਿਨ ਭੀਤਰਿ ਅੰਧਕਾਰ ਪ੍ਰਗਟੇ ਚਾਨਾਣੁ॥		Bhram Bhai Binas Geae Khin Bheethar Andhhakaar Pragattae Chaanaan ||	Doubt and fear have been dispelled in an instant, and in the darkness, the Divine Light shines forth.	(ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ, ਉਸ ਦੇ) ਸਾਰੇ ਡਰ ਭਰਮ ਖਿਨ ਵਿਚ ਨਾਸ ਹੋ ਜਾਂਦੇ ਹਨ, (ਉਸ ਦੇ ਅੰਦਰੋਂ ਮੋਹ ਦਾ) ਹਨੇਰਾ ਦੂਰ ਹੋ ਕੇ (ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ।
35205	825	ਸਾਸਿ ਸਾਸਿ ਆਰਾਧੈ ਨਾਨਕੁ ਸਦਾ ਸਦਾ ਜਾਈਐ ਕੁਰਬਾਣੁ॥੨॥੨੧॥੧੦੭॥		Saas Saas Aaraadhhai Naanak Sadhaa Sadhaa Jaaeeai Kurabaan ||2||21||107||	With each and every breath, Nanak worships and adores the Lord; forever and ever, I am a sacrifice to Him. ||2||21||107||	ਨਾਨਕ (ਤਾਂ) ਹਰੇਕ ਸਾਹ ਦੇ ਨਾਲ (ਉਸੇ ਪਰਮਾਤਮਾ ਨੂੰ) ਸਿਮਰਦਾ ਹੈ। (ਹੇ ਭਾਈ! ਉਸ ਪਰਮਾਤਮਾ ਤੋਂ) ਸਦਾ ਸਦਕੇ ਜਾਣਾ ਚਾਹੀਦਾ ਹੈ ॥੨॥੨੧॥੧੦੭॥
35206	825	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35207	825	ਦੋਵੈ ਥਾਵ ਰਖੇ ਗੁਰ ਸੂਰੇ॥		Dhovai Thhaav Rakhae Gur Soorae ||	Both here and hereafter, the Mighty Guru protects me.	(ਹੇ ਭਾਈ! ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਜਪਦਾ ਹੈ) ਸੂਰਮਾ ਗੁਰੂ (ਉਸ ਦਾ ਇਹ ਲੋਕ ਅਤੇ ਪਰਲੋਕ) ਦੋਵੇਂ ਹੀ (ਵਿਗੜਨ ਤੋਂ) ਬਚਾ ਲੈਂਦਾ ਹੈ।

35208	825	ਹਲਤ ਪਲਤ ਪਾਰਬ੍ਰਹਮਿ ਸਵਾਰੇ ਕਾਰਜ ਹੋਏ ਸਗਲੇ ਪੂਰੇ॥੧॥ਰਹਾਉ॥		Halath Palath Paarabreham Savaarae Kaaraj Hoeae Sagalae Poorae ||1|| Rehaao ||	God has embellished this world and the next for me, and all my affairs are perfectly resolved. ||1||Pause||	ਪਰਮਾਤਮਾ ਨੇ (ਸਦਾ ਹੀ ਅਜੇਹੇ ਮਨੁੱਖ ਦੇ) ਇਹ ਲੋਕ ਅਤੇ ਪਰਲੋਕ ਸੋਹਣੇ ਬਣਾ ਦਿੱਤੇ, ਉਸ ਮਨੁੱਖ ਦੇ ਸਾਰੇ ਹੀ ਕੰਮ ਸਫਲ ਹੋ ਜਾਂਦੇ ਹਨ ॥੧॥ ਰਹਾਉ ॥
35209	825	ਹਰਿ ਹਰਿ ਨਾਮੁ ਜਪਤ ਸੁਖ ਸਹਜੇ ਮਜਨੁ ਹੋਵਤ ਸਾਧੂ ਧੂਰੇ॥	ਮੱਜਨੁ	Har Har Naam Japath Sukh Sehajae Majan Hovath Saadhhoo Dhhoorae ||	Chanting the Name of the Lord, Har, Har, I have found peace and poise, bathing in the dust of the feet of the Holy.	(ਹੇ ਭਾਈ! ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਜਪਦਿਆਂ ਆਨੰਦ ਪ੍ਰਾਪਤ ਹੁੰਦਾ ਹੈ, ਆਤਮਕ ਅਡੋਲਤਾ ਵਿਚ ਟਿਕੇ ਰਹੀਦਾ ਹੈ, ਗੁਰੂ ਦੇ ਚਰਨਾਂ ਦੀ ਧੂੜ ਵਿਚ ਇਸ਼ਨਾਨ ਪ੍ਰਾਪਤ ਹੁੰਦਾ ਹੈ,
35210	825	ਆਵਣ ਜਾਣ ਰਹੇ ਥਿਤਿ ਪਾਈ ਜਨਮ ਮਰਣ ਕੇ ਮਿਟੇ ਬਿਸੂਰੇ॥੧॥		Aavan Jaan Rehae Thhith Paaee Janam Maran Kae Mittae Bisoorae ||1||	Comings and goings have ceased, and I have found stability; the pains of birth and death are eradicated. ||1||	ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ, (ਪ੍ਰਭੂ-ਚਰਨਾਂ ਵਿਚ) ਟਿਕਾਉ ਪ੍ਰਾਪਤ ਹੁੰਦਾ ਹੈ, ਜਨਮ ਤੋਂ ਮਰਨ ਤਕ ਦੇ ਸਾਰੇ ਚਿੰਤਾ-ਝੋਰੇ ਮਿਟ ਜਾਂਦੇ ਹਨ ॥੧॥

35211	825	ਭ੍ਰਮ ਭੈ ਤਰੇ ਛੁਟੇ ਭੈ ਜਮ ਕੇ ਘਟਿ ਘਟਿ ਏਕੁ ਰਹਿਆ ਭਰਪੂਰੇ॥		Bhram Bhai Tharae Shhuttae Bhai Jam Kae Ghatt Ghatt Eaek Rehiaa Bharapoorae ||	I cross over the ocean of doubt and fear, and the fear of death is gone; the One Lord is permeating and pervading in each and every heart.	(ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਜਪਦਾ ਹੈ, ਉਹ ਸੰਸਾਰ-ਸਮੁੰਦਰ ਦੇ ਸਾਰੇ) ਡਰਾਂ ਭਰਮਾਂ ਤੋਂ ਪਾਰ ਲੰਘ ਜਾਂਦਾ ਹੈ, ਜਮਦੂਤਾਂ ਬਾਰੇ ਭੀ ਉਸ ਦੇ ਸਾਰੇ ਡਰ ਮੁੱਕ ਜਾਂਦੇ ਹਨ, ਉਸ ਮਨੁੱਖ ਨੂੰ ਪਰਮਾਤਮਾ ਹਰੇਕ ਸਰੀਰ ਵਿਚ ਵਿਆਪਕ ਦਿੱਸਦਾ ਹੈ,
35212	826	ਨਾਨਕ ਸਰਣਿ ਪਰਿਓ ਦੁਖਭੰਜਨ ਅੰਤਰਿ ਬਾਹਰਿ ਪੇਖਿ ਹਜੂਰੇ॥੨॥੨੨॥੧੦੮॥		Naanak Saran Pariou Dhukh Bhanjan Anthar Baahar Paekh Hajoorae ||2||22||108||	Nanak has entered the Sanctuary of the Destroyer of pain; I behold His Presence deep within, and all around as well. ||2||22||108||	ਹੇ ਨਾਨਕ! ਉਹ ਮਨੁੱਖ ਸਾਰੇ ਦੁਖਾਂ ਦੇ ਨਾਸ ਕਰਨ ਵਾਲੇ ਪ੍ਰਭੂ ਦੀ ਸਰਨ ਪਿਆ ਰਹਿੰਦਾ ਹੈ, ਅਤੇ ਅੰਦਰ ਬਾਹਰ ਹਰ ਥਾਂ ਪ੍ਰਭੂ ਨੂੰ ਆਪਣੇ ਅੰਗ-ਸੰਗ ਵੱਸਦਾ ਵੇਖਦਾ ਹੈ ॥੨॥੨੨॥੧੦੮॥
35213	826	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35214	826	ਦਰਸਨੁ ਦੇਖਤ ਦੋਖ ਨਸੇ॥	ਨੱਸੇ	Dharasan Dhaekhath Dhokh Nasae ||	Gazing upon the Blessed Vision of the Lord's Darshan, all pains run away.	(ਹੇ ਪ੍ਰਭੂ! ਤੇਰਾ) ਦਰਸਨ ਕਰਦਿਆਂ (ਜੀਵਾਂ ਦੇ) ਸਾਰੇ ਵਿਕਾਰ ਦੂਰ ਹੋ ਜਾਂਦੇ ਹਨ।

35215	826	ਕਬਹੁ ਨ ਹੋਵਹੁ ਦ੍ਰਿਸਟਿ ਅਗੋਚਰ ਜੀਅ ਕੈ ਸੰਗਿ ਬਸੇ॥੧॥ਰਹਾਉ॥		Kabahu N Hovahu Dhrisatt Agochar Jeea Kai Sang Basae ||1|| Rehaao ||	Please, never leave my vision, O Lord; please abide with my soul. ||1||Pause||	(ਹੇ ਪ੍ਰਭੂ! ਮੇਹਰ ਕਰ) ਕਦੇ ਭੀ ਮੇਰੀ ਨਜ਼ਰ ਤੋਂ ਉਹਲੇ ਨਾਹ ਹੋ, ਸਦਾ ਮੇਰੀ ਜਿੰਦ ਦੇ ਨਾਲ ਵੱਸਦਾ ਰਹੁ ॥੧॥ ਰਹਾਉ ॥
35216	826	ਪ੍ਰੀਤਮ ਪ੍ਰਾਨ ਅਧਾਰ ਸੁਆਮੀ॥		Preetham Praan Adhhaar Suaamee ||	My Beloved Lord and Master is the Support of the breath of life.	ਹੇ ਮੇਰੇ ਪ੍ਰੀਤਮ ਪ੍ਰਭੂ! ਹੇ ਜੀਵਾਂ ਦੀ ਜਿੰਦ ਦੇ ਆਸਰੇ! ਹੇ ਸੁਆਮੀ!
35217	826	ਪੂਰਿ ਰਹੇ ਪ੍ਰਭ ਅੰਤਰਜਾਮੀ॥੧॥		Poor Rehae Prabh Antharajaamee ||1||	God, the Inner-knower, is all-pervading. ||1||	ਤੂੰ ਸਭ ਦੇ ਦਿਲ ਦੀ ਜਾਣਨ ਵਾਲਾ ਹੈਂ ਅਤੇ ਸਭ ਵਿਚ ਵਿਆਪਕ ਹੈਂ ॥੧॥
35218	826	ਕਿਆ ਗੁਣ ਤੇਰੇ ਸਾਰਿ ਸਮ੍ਹਾਰੀ॥		Kiaa Gun Thaerae Saar Samhaaree ||	Which of Your Glorious Virtues should I contemplate and remember?	(ਹੇ ਪ੍ਰਭੂ! ਤੂੰ ਬੇਅੰਤ ਗੁਣਾਂ ਦਾ ਮਾਲਕ ਹੈਂ) ਮੈਂ ਤੇਰੇ ਕੇਹੜੇ ਕੇਹੜੇ ਗੁਣ ਚੇਤੇ ਕਰ ਕੇ ਆਪਣੇ ਹਿਰਦੇ ਵਿਚ ਵਸਾਵਾਂ?
35219	826	ਸਾਸਿ ਸਾਸਿ ਪ੍ਰਭ ਤੁਝਹਿ ਚਿਤਾਰੀ॥੨॥		Saas Saas Prabh Thujhehi Chithaaree ||2||	With each and every breath, O God, I remember You. ||2||	ਹੇ ਪ੍ਰਭੂ! (ਕਿਰਪਾ ਕਰ) ਮੈਂ ਆਪਣੇ ਹਰੇਕ ਸਾਹ ਦੇ ਨਾਲ ਤੈਨੂੰ ਹੀ ਯਾਦ ਕਰਦਾ ਰਹਾਂ ॥੨॥
35220	826	ਕਿਰਪਾਨਿਧਿ ਪ੍ਰਭ ਦੀਨ ਦਇਆਲਾ॥		Kirapaa Nidhh Prabh Dheen Dhaeiaalaa ||	God is the ocean of mercy, merciful to the meek;	ਹੇ ਕਿਰਪਾ ਦੇ ਖ਼ਜ਼ਾਨੇ! ਹੇ ਗਰੀਬਾਂ ਉਤੇ ਦਇਆ ਕਰਨ ਵਾਲੇ ਪ੍ਰਭੂ!
35221	826	ਜੀਅ ਜੰਤ ਕੀ ਕਰਹੁ ਪ੍ਰਤਿਪਾਲਾ॥੩॥		Jeea Janth Kee Karahu Prathipaalaa ||3||	He cherishes all beings and creatures. ||3||	ਸਾਰੇ ਜੀਵਾਂ ਦੀ ਤੂੰ ਆਪ ਹੀ ਪਾਲਣਾ ਕਰਦਾ ਹੈਂ ॥੩॥

35222	826	ਆਠ ਪਹਰ ਤੇਰਾ ਨਾਮੁ ਜਨੁ ਜਾਪੇ॥		Aath Pehar Thaeraa Naam Jan Jaapae ||	Twenty-four hours a day, Your humble servant chants Your Name.	ਹੇ ਪ੍ਰਭੂ! ਤੇਰਾ ਸੇਵਕ ਅੱਠੇ ਪਹਿਰ ਤੇਰਾ ਨਾਮ ਜਪਦਾ ਰਹਿੰਦਾ ਹੈ।
35223	826	ਨਾਨਕ ਪ੍ਰੀਤਿ ਲਾਈ ਪ੍ਰਭਿ ਆਪੇ॥੪॥੨੩॥੧੦੯॥		Naanak Preeth Laaee Prabh Aapae ||4||23||109||	You Yourself, O God, have inspired Nanak to love You. ||4||23||109||	(ਪਰ) ਹੇ ਨਾਨਕ! (ਉਹੀ ਮਨੁੱਖ ਸਦਾ ਨਾਮ ਜਪਦਾ ਹੈ, ਜਿਸ ਨੂੰ) ਪ੍ਰਭੂ ਨੇ ਆਪ ਹੀ ਇਹ ਲਗਨ ਲਾਈ ਹੈ ॥੪॥੨੩॥੧੦੯॥
35224	826	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35225	826	ਤਨੁ ਧਨੁ ਜੋਬਨੁ ਚਲਤ ਗਇਆ॥		Than Dhhan Joban Chalath Gaeiaa ||	Body, wealth and youth pass away.	(ਹੇ ਭਾਈ! ਮਨੁੱਖ ਦਾ ਇਹ) ਸਰੀਰ, ਧਨ, ਜਵਾਨੀ (ਹਰੇਕ ਹੀ) ਸਹਜੇ ਸਹਜੇ (ਮਨੁੱਖ ਦਾ) ਸਾਥ ਛੱਡਦਾ ਜਾਂਦਾ ਹੈ,
35226	826	ਰਾਮ ਨਾਮ ਕਾ ਭਜਨੁ ਨ ਕੀਨੋ ਕਰਤ ਬਿਕਾਰ ਨਿਸਿ ਭੋਰੁ ਭਇਆ॥੧॥ਰਹਾਉ॥		Raam Naam Kaa Bhajan N Keeno Karath Bikaar Nis Bhor Bhaeiaa ||1|| Rehaao ||	You have not meditated and vibrated upon the Lord's Name; while you commit your sins of corruption in the night, the light of day dawns upon you. ||1||Pause||	(ਪਰ ਇਹਨਾਂ ਦੇ ਮੋਹ ਵਿਚ ਫਸਿਆ ਹੋਇਆ ਮਨੁੱਖ) ਪਰਮਾਤਮਾ ਦੇ ਨਾਮ ਦਾ ਭਜਨ ਨਹੀਂ ਕਰਦਾ, ਮਾੜੇ ਕੰਮ ਕਰਦਿਆਂ ਕਰਦਿਆਂ ਕਾਲੇ ਕੇਸਾਂ ਵਾਲੀ ਉਮਰ ਤੋਂ ਧੌਲਿਆਂ ਵਾਲੀ ਉਮਰ ਆ ਜਾਂਦੀ ਹੈ ॥੧॥ ਰਹਾਉ ॥

35227	826	ਅਨਿਕ ਪ੍ਰਕਾਰ ਭੋਜਨ ਨਿਤ ਖਾਤੇ ਮੁਖ ਦੰਤਾ ਘਸਿ ਖੀਨ ਖਇਆ॥		Anik Prakaar Bhojan Nith Khaathae Mukh Dhanthaa Ghas Kheen Khaeiaa ||	Continually eating all sorts of foods, the teeth in your mouth crumble, decay and fall out.	ਹੇ ਭਾਈ! ਕਈ ਕਿਸਮਾਂ ਦੇ ਖਾਣੇ ਨਿੱਤ ਖਾਂਦਿਆਂ ਮੂੰਹ ਦੇ ਦੰਦ ਭੀ ਘਸ ਕੇ ਕਮਜ਼ੋਰ ਹੋ ਜਾਂਦੇ ਹਨ, ਤੇ ਆਖ਼ਰ ਡਿੱਗ ਪੈਂਦੇ ਹਨ।
35228	826	ਮੇਰੀ ਮੇਰੀ ਕਰਿ ਕਰਿ ਮੂਠਉ ਪਾਪ ਕਰਤ ਨਹ ਪਰੀ ਦਇਆ॥੧॥		Maeree Maeree Kar Kar Mootho Paap Karath Neh Paree Dhaeiaa ||1||	Living in egotism and possessiveness, you are deluded; committing sins, you have no kindness for others. ||1||	ਮਮਤਾ ਦੇ ਪੰਜੇ ਵਿਚ ਫਸ ਕੇ ਮਨੁੱਖ (ਆਤਮਕ ਜੀਵਨ ਦੀ ਰਾਸਿ ਪੂੰਜੀ) ਲੁਟਾ ਲੈਂਦਾ ਹੈ। ਮਾੜੇ ਕੰਮ ਕਰਦਿਆਂ ਇਸ ਦੇ ਅੰਦਰ ਦਇਆ-ਤਰਸ ਦਾ ਨਿਵਾਸ ਨਹੀਂ ਹੁੰਦਾ ॥੧॥
35229	826	ਮਹਾ ਬਿਕਾਰ ਘੋਰ ਦੁਖ ਸਾਗਰ ਤਿਸੁ ਮਹਿ ਪ੍ਰਾਣੀ ਗਲਤੁ ਪਇਆ॥		Mehaa Bikaar Ghor Dhukh Saagar This Mehi Praanee Galath Paeiaa ||	The great sins are the terrible ocean of pain; the mortal is engrossed in them.	(ਹੇ ਭਾਈ! ਇਹ ਸੰਸਾਰ) ਵੱਡੇ ਵਿਕਾਰਾਂ ਅਤੇ ਭਾਰੇ ਦੁੱਖਾਂ ਦਾ ਸਮੁੰਦਰ ਹੈ (ਭਜਨ ਤੋਂ ਖੁੰਝਿਆ ਹੋਇਆ) ਮਨੁੱਖ ਇਸ (ਸਮੁੰਦਰ) ਵਿਚ ਡੁੱਬਿਆ ਰਹਿੰਦਾ ਹੈ।
35230	826	ਸਰਨਿ ਪਰੇ ਨਾਨਕ ਸੁਆਮੀ ਕੀ ਬਾਹ ਪਕਰਿ ਪ੍ਰਭਿ ਕਾਢਿ ਲਇਆ ॥੨॥੨੪॥੧੧੦॥		Saran Parae Naanak Suaamee Kee Baah Pakar Prabh Kaadt Laeiaa ||2||24||110||	Nanak seeks the Sanctuary of his Lord and Master; taking him by the arm, God has lifted him up and out. ||2||24||110||	ਹੇ ਨਾਨਕ! ਜੇਹੜੇ ਮਨੁੱਖ ਮਾਲਕ-ਪ੍ਰਭੂ ਦੀ ਸਰਨ ਆ ਪਏ, ਉਹਨਾਂ ਨੂੰ ਪ੍ਰਭੂ ਨੇ ਬਾਂਹ ਫੜ ਕੇ (ਇਸ ਸਮੁੰਦਰ ਵਿਚੋਂ) ਕੱਢ ਲਿਆ, (ਇਹ ਉਸ ਦਾ ਮੁੱਢ-ਕਦੀਮਾਂ ਦਾ ਸੁਭਾਉ ਹੈ) ॥੨॥੨੪॥੧੧੦॥

35231	826	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35232	826	ਆਪਨਾ ਪ੍ਰਭੁ ਆਇਆ ਚੀਤਿ॥		Aapanaa Prabh Aaeiaa Cheeth ||	God Himself has come into my consciousness.	ਹੇ ਮੇਰੇ ਵੀਰ! ਹੇ ਮੇਰੇ ਮਿੱਤਰ! ਜਿਸ ਮਨੁੱਖ ਦੇ ਚਿੱਤ ਵਿਚ ਪਿਆਰਾ ਪ੍ਰਭੂ ਆ ਵੱਸਦਾ ਹੈ,
35233	826	ਦੁਸਮਨ ਦੁਸਟ ਰਹੇ ਝਖ ਮਾਰਤ ਕੁਸਲੁ ਭਇਆ ਮੇਰੇ ਭਾਈ ਮੀਤ॥੧॥ਰਹਾਉ॥		Dhusaman Dhusatt Rehae Jhakh Maarath Kusal Bhaeiaa Maerae Bhaaee Meeth ||1|| Rehaao ||	My enemies and opponents have grown weary of attacking me, and now, I have become happy, O my friends and Siblings of Destiny. ||1||Pause||	ਭੈੜੇ ਬੰਦੇ ਅਤੇ ਵੈਰੀ ਉਸ ਨੂੰ ਨੁਕਸਾਨ ਅਪੜਾਣ ਦੇ ਜਤਨ ਕਰਦੇ ਥੱਕ ਜਾਂਦੇ ਹਨ (ਉਸਦਾ ਕੁਝ ਭੀ ਵਿਗਾੜ ਨਹੀਂ ਸਕਦੇ, ਉਸ ਦੇ ਹਿਰਦੇ ਵਿਚ ਸਦਾ) ਆਨੰਦ ਬਣਿਆ ਰਹਿੰਦਾ ਹੈ ॥੧॥ ਰਹਾਉ ॥
35234	826	ਗਈ ਬਿਆਧਿ ਉਪਾਧਿ ਸਭ ਨਾਸੀ ਅੰਗੀਕਾਰੁ ਕੀਓ ਕਰਤਾਰਿ॥		Gee Biaadhh Oupaadhh Sabh Naasee Angeekaar Keeou Karathaar ||	The disease is gone, and all misfortunes have been averted; the Creator Lord has made me His own.	ਹੇ ਮਿੱਤਰ! ਕਰਤਾਰ ਨੇ (ਜਦੋਂ ਭੀ ਕਿਸੇ ਦੀ) ਸਹਾਇਤਾ ਕੀਤੀ, ਉਸ ਦਾ ਹਰੇਕ ਰੋਗ ਦੂਰ ਹੋ ਗਿਆ, (ਉਸ ਨਾਲ ਕਿਸੇ ਦਾ ਭੀ ਕੀਤਾ ਹੋਇਆ) ਕੋਈ ਛਲ ਕਾਮਯਾਬ ਨਾਹ ਹੋਇਆ।
35235	826	ਸਾਂਤਿ ਸੂਖ ਅਰੁ ਅਨਦ ਘਨੇਰੇ ਪ੍ਰੀਤਮ ਨਾਮੁ ਰਿਦੈ ਉਰ ਹਾਰਿ॥੧॥		Saanth Sookh Ar Anadh Ghanaerae Preetham Naam Ridhai Our Haar ||1||	I have found peace, tranquility and total bliss, enshrining the Name of my Beloved Lord within my heart. ||1||	ਪ੍ਰੀਤਮ ਪ੍ਰਭੂ ਦਾ ਨਾਮ ਹਿਰਦੇ ਵਿਚ ਵਸਾਣ ਦੀ ਬਰਕਤ ਨਾਲ ਉਸ ਮਨੁੱਖ ਦੇ ਅੰਦਰ ਸ਼ਾਂਤੀ ਸੁਖ ਅਤੇ ਅਨੇਕਾਂ ਆਨੰਦ ਪੈਦਾ ਹੋ ਗਏ ॥੧॥

35236	826	ਜੀਉ ਪਿੰਡੁ ਧਨੁ ਰਾਸਿ ਪ੍ਰਭ ਤੇਰੀ ਤੂੰ ਸਮਰਥੁ ਸੁਆਮੀ ਮੇਰਾ॥	ਸਮ-ਰੱਥੁ	Jeeo Pindd Dhhan Raas Prabh Thaeree Thoon Samarathh Suaamee Maeraa ||	My soul, body and wealth are all Your capital; O God, You are my All-powerful Lord and Master.	ਹੇ ਪ੍ਰਭੂ! ਮੇਰੀ ਇਹ ਜਿੰਦ, ਮੇਰਾ ਇਹ ਸਰੀਰ, ਮੇਰਾ ਇਹ ਧਨ-ਸਭ ਕੁਝ ਤੇਰਾ ਦਿੱਤਾ ਸਰਮਾਇਆ ਹੈ। ਤੂੰ ਮੇਰਾ ਸੁਆਮੀ ਸਭ ਤਾਕਤਾਂ ਦਾ ਮਾਲਕ ਹੈਂ।
35237	826	ਦਾਸ ਅਪੁਨੇ ਕਉ ਰਾਖਨਹਾਰਾ ਨਾਨਕ ਦਾਸ ਸਦਾ ਹੈ ਚੇਰਾ॥੨॥੨੫॥੧੧੧॥		Dhaas Apunae Ko Raakhanehaaraa Naanak Dhaas Sadhaa Hai Chaeraa ||2||25||111||	You are the Saving Grace of Your slaves; slave Nanak is forever Your slave. ||2||25||111||	ਤੂੰ ਆਪਣੇ ਸੇਵਕ ਨੂੰ (ਉਪਾਧੀਆਂ ਵਿਆਧੀਆਂ ਤੋਂ ਸਦਾ) ਬਚਾਣ ਵਾਲਾ ਹੈਂ। ਹੇ ਨਾਨਕ! (ਆਖ-ਹੇ ਪ੍ਰਭੂ!) ਮੈਂ ਭੀ ਤੇਰਾ ਹੀ ਦਾਸ ਹਾਂ, ਤੇਰਾ ਹੀ ਗ਼ੁਲਾਮ ਹਾਂ (ਮੈਨੂੰ ਤੇਰਾ ਹੀ ਭਰੋਸਾ ਹੈ) ॥੨॥੨੫॥੧੧੧॥
35238	826	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35239	826	ਗੋਬਿਦੁ ਸਿਮਰਿ ਹੋਆ ਕਲਿਆਣੁ॥		Gobidh Simar Hoaa Kaliaan ||	Meditating in remembrance on the Lord of the Universe, I am emancipated.	ਹੇ ਭਾਈ! ਗੋਬਿੰਦ ਦਾ ਨਾਮ ਸਿਮਰ ਕੇ (ਉਸ ਮਨੁੱਖ ਦੇ ਮਨ ਅੰਦਰ) ਸੁਖ ਹੀ ਸੁਖ ਬਣ ਗਿਆ,

35240	826	ਮਿਟੀ ਉਪਾਧਿ ਭਇਆ ਸੁਖੁ ਸਾਚਾ ਅੰਤਰਜਾਮੀ ਸਿਮਰਿਆ ਜਾਣੁ॥੧॥ਰਹਾਉ॥		Mittee Oupaadhh Bhaeiaa Sukh Saachaa Antharajaamee Simariaa Jaan ||1|| Rehaao ||	Suffering is eradicated, and true peace has come, meditating on the Inner-knower, the Searcher of hearts. ||1||Pause||	ਜਿਸ ਮਨੁੱਖ ਨੇ ਹਰੇਕ ਦੇ ਦਿਲ ਦੀ ਜਾਣਨ ਵਾਲੇ ਸੁਜਾਨ ਪ੍ਰਭੂ ਦਾ ਨਾਮ ਸਿਮਰਿਆ। ਉਸ ਉਤੇ ਕਿਸੇ ਦੀ ਚੋਟ ਕਾਰਗਰ ਨਾਹ ਹੋ ਸਕੀ, ਉਸ ਦੇ ਅੰਦਰ ਸਦਾ ਕਾਇਮ ਰਹਿਣ ਵਾਲਾ ਸੁਖ ਪੈਦਾ ਹੋ ਗਿਆ ॥੧॥ ਰਹਾਉ ॥
35241	826	ਜਿਸ ਕੇ ਜੀਅ ਤਿਨਿ ਕੀਏ ਸੁਖਾਲੇ ਭਗਤ ਜਨਾ ਕਉ ਸਾਚਾ ਤਾਣੁ॥		Jis Kae Jeea Thin Keeeae Sukhaalae Bhagath Janaa Ko Saachaa Thaan ||	All beings belong to Him - He makes them happy. He is the true power of His humble devotees.	ਹੇ ਭਾਈ! ਜਿਸ ਪ੍ਰਭੂ ਦੇ ਇਹ ਸਾਰੇ ਜੀਅ ਜੰਤ ਹਨ (ਇਹਨਾਂ ਨੂੰ) ਸੁਖੀ ਭੀ ਉਸ ਨੇ ਆਪ ਹੀ ਕੀਤਾ ਹੈ (ਸੁਖੀ ਕਰਨ ਵਾਲਾ ਭੀ ਆਪ ਹੀ ਹੈ)। ਪ੍ਰਭੂ ਦੀ ਭਗਤੀ ਕਰਨ ਵਾਲਿਆਂ ਨੂੰ ਇਹੀ ਸਦਾ ਕਾਇਮ ਰਹਿਣ ਵਾਲਾ ਸਹਾਰਾ ਹੈ।
35242	826	ਦਾਸ ਅਪੁਨੇ ਕੀ ਆਪੇ ਰਾਖੀ ਭੈ ਭੰਜਨ ਊਪਰਿ ਕਰਤੇ ਮਾਣੁ॥੧॥		Dhaas Apunae Kee Aapae Raakhee Bhai Bhanjan Oopar Karathae Maan ||1||	He Himself saves and protects His slaves, who believe in their Creator, the Destroyer of fear. ||1||	ਹੇ ਭਾਈ! ਪ੍ਰਭੂ ਆਪਣੇ ਸੇਵਕਾਂ ਦੀ ਇੱਜ਼ਤ ਆਪ ਹੀ ਰੱਖਦਾ ਹੈ। ਭਗਤ ਉਸ ਪ੍ਰਭੂ ਉਤੇ ਹੀ ਭਰੋਸਾ ਰੱਖਦੇ ਹਨ, ਜੋ ਸਾਰੇ ਡਰਾਂ ਦਾ ਨਾਸ ਕਰਨ ਵਾਲਾ ਹੈ ॥੧॥

35243	826	ਭਈ ਮਿਤ੍ਰਾਈ ਮਿਟੀ ਬੁਰਾਈ ਦੁਸਟ ਦੂਤ ਹਰਿ ਕਾਢੇ ਛਾਣਿ॥		Bhee Mithraaee Mittee Buraaee Dhraasatt Dhooth Har Kaadtae Shhaan ||	I have found friendship, and hatred has been eradicated; the Lord has rooted out the enemies and villains.	(ਹੇ ਭਾਈ! ਜੇਹੜਾ ਮਨੁੱਖ ਪ੍ਰਭੂ ਦਾ ਨਾਮ ਸਿਮਰਦਾ ਹੈ, ਪ੍ਰਭੂ ਉਸ ਦਾ) ਬੁਰਾ ਚਿਤਵਨ ਵਾਲੇ ਵੈਰੀਆਂ ਨੂੰ ਚੁਣ ਕੇ ਕੱਢ ਦੇਂਦਾ ਹੈ (ਉਹਨਾਂ ਦੀ ਸਗੋਂ ਸੇਵਕ ਨਾਲ) ਪਿਆਰ ਦੀ ਸਾਂਝ ਬਣ ਜਾਂਦੀ ਹੈ (ਉਹਨਾਂ ਦੇ ਅੰਦਰੋਂ ਉਸ ਸੇਵਕ ਵਾਸਤੇ) ਵੈਰ ਭਾਵ ਮਿਟ ਜਾਂਦਾ ਹੈ।
35244	826	ਸੂਖ ਸਹਜ ਆਨੰਦ ਘਨੇਰੇ ਨਾਨਕ ਜੀਵੈ ਹਰਿ ਗੁਣਹ ਵਖਾਣਿ॥੨॥੨੬॥੧੧੨॥		Sookh Sehaj Aanandh Ghanaerae Naanak Jeevai Har Guneh Vakhaan ||2||26||112||	Nanak has been blessed with celestial peace and poise and total bliss; chanting the Glorious Praises of the Lord, he lives. ||2||26||112||	ਹੇ ਨਾਨਕ! ਸੇਵਕ ਦੇ ਹਿਰਦੇ ਵਿਚ ਸੁਖ ਆਤਮਕ ਅਡੋਲਤਾ ਅਤੇ ਬਹੁਤ ਆਨੰਦ ਬਣੇ ਰਹਿੰਦੇ ਹਨ। ਸੇਵਕ ਪਰਮਾਤਮਾ ਦੇ ਗੁਣ ਉਚਾਰ ਉਚਾਰ ਕੇ ਆਤਮਕ ਜੀਵਨ ਪ੍ਰਾਪਤ ਕਰਦਾ ਰਹਿੰਦਾ ਹੈ ॥੨॥੨੬॥੧੧੨॥
35245	826	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35246	826	ਪਾਰਬ੍ਰਹਮ ਪ੍ਰਭ ਭਏ ਕ੍ਰਿਪਾਲ॥		Paarabreham Prabh Bheae Kirapaal ||	The Supreme Lord God has become Merciful.	ਹੇ ਭਾਈ! ਜਿਨ੍ਹਾਂ ਮਨੁੱਖਾਂ ਉਤੇ ਪਰਮਾਤਮਾ ਦਇਆਵਾਨ ਹੁੰਦਾ ਹੈ,

35247	826	ਕਾਰਜ ਸਗਲ ਸਵਾਰੇ ਸਤਿਗੁਰ ਜਪਿ ਜਪਿ ਸਾਧੂ ਭਏ ਨਿਹਾਲ॥੧॥ਰਹਾਉ॥		Kaaraj Sagal Savaarae Sathigur Jap Jap Saadhhoo Bheae Nihaal ||1|| Rehaao ||	The True Guru has arranged all my affairs; chanting and meditating with the Holy Saints, I have become happy. ||1||Pause||	ਗੁਰੂ ਉਹਨਾਂ ਦੇ ਸਾਰੇ ਕੰਮ ਸਿਰੇ ਚਾੜ੍ਹ ਦੇਂਦਾ ਹੈ। ਉਹ ਮਨੁੱਖ ਗੁਰੂ ਦੀ ਓਟ ਹਰ ਵੇਲੇ ਚਿਤਾਰ ਕੇ ਸਦਾ ਪ੍ਰਸੰਨ ਰਹਿੰਦੇ ਹਨ ॥੧॥ ਰਹਾਉ ॥
35248	826	ਅੰਗੀਕਾਰੁ ਕੀਆ ਪ੍ਰਭਿ ਅਪਨੈ ਦੋਖੀ ਸਗਲੇ ਭਏ ਰਵਾਲ॥		Angeekaar Keeaa Prabh Apanai Dhokhee Sagalae Bheae Ravaal ||	God has made me His own, and all my enemies have been reduced to dust.	ਹੇ ਭਾਈ! ਪ੍ਰਭੂ ਨੇ (ਜਿਨ੍ਹਾਂ ਆਪਣੇ ਸੇਵਕਾਂ ਦੀ) ਸਹਾਇਤਾ ਕੀਤੀ, ਉਹਨਾਂ ਦੇ ਸਾਰੇ ਵੈਰੀ ਨਾਸ ਹੋ ਗਏ (ਵੈਰ-ਭਾਵ ਚਿਤਵਣੋਂ ਹਟ ਗਏ)।
35249	826	ਕੰਠਿ ਲਾਇ ਰਾਖੇ ਜਨ ਅਪਨੇ ਉਧਰਿ ਲੀਏ ਲਾਇ ਅਪਨੈ ਪਾਲ॥੧॥	ਜਮਾਂ ਔਗੁਣਾਂ ਤੋਂ (ਉਧਰਿ)ਉਧਾਰ ਲਏ। ਉ-ਧਰਿ	Kanth Laae Raakhae Jan Apanae Oudhhar Leeeae Laae Apanai Paal ||1||	He hugs us close in His embrace, and protects His humble servants; attaching us to the hem of His robe, he saves us. ||1||	ਪ੍ਰਭੂ ਨੇ ਆਪਣੇ ਸੇਵਕਾਂ ਨੂੰ (ਸਦਾ) ਆਪਣੇ ਗਲ ਨਾਲ ਲਾ ਕੇ (ਉਹਨਾਂ ਦੀ) ਸਹਾਇਤਾ ਕੀਤੀ, ਉਹਨਾਂ ਨੂੰ ਆਪਣੇ ਲੜ ਲਾ ਕੇ (ਦੋਖੀਆਂ ਤੋਂ) ਬਚਾਇਆ ॥੧॥

35250	827	ਸਹੀ ਸਲਾਮਤਿ ਮਿਲਿ ਘਰਿ ਆਏ ਨਿੰਦਕ ਕੇ ਮੁਖ ਹੋਏ ਕਾਲ॥	(ਸਲਾ–ਮਤਿ)ਇਸਥਿੱਤ ਬ੍ਰਹਮ ਜੀ ਚ ਸਹੀ ਨਿਸਚੇ ਕਰਕੇ ਮਿਲਿ ਕੇ	Sehee Salaamath Mil Ghar Aaeae Nindhak Kae Mukh Hoeae Kaal ||	Safe and sound, we have returned home, while the slanderer's face is blackened.	ਹੇ ਭਾਈ! (ਪ੍ਰਭੂ ਦੇ ਸੇਵਕ ਗੁਰੂ-ਚਰਨਾਂ ਵਿਚ) ਮਿਲ ਕੇ ਆਤਮਕ ਜੀਵਨ ਦੀ ਸਾਰੀ ਰਾਸ-ਪੂੰਜੀ ਸਮੇਤ ਹਿਰਦੇ-ਘਰ ਵਿਚ ਟਿਕੇ ਰਹਿੰਦੇ ਹਨ, ਉਹਨਾਂ ਦੀ ਨਿੰਦਾ ਕਰਨ ਵਾਲੇ ਮਨੁੱਖ ਬਦਨਾਮੀ ਖੱਟਦੇ ਹਨ।
35251	827	ਕਹੁ ਨਾਨਕ ਮੇਰਾ ਸਤਿਗੁਰੁ ਪੂਰਾ ਗੁਰ ਪ੍ਰਸਾਦਿ ਪ੍ਰਭ ਭਏ ਨਿਹਾਲ॥੨॥੨੭॥੧੧੩॥		Kahu Naanak Maeraa Sathigur Pooraa Gur Prasaadh Prabh Bheae Nihaal ||2||27||113||	Says Nanak, my True Guru is Perfect; by the Grace of God and Guru, I am so happy. ||2||27||113||	ਨਾਨਕ ਆਖਦਾ ਹੈ- ਮੇਰਾ ਗੁਰੂ ਸਾਰੀ ਸਮਰਥਾ ਵਾਲਾ ਹੈ, (ਗੁਰੂ ਦੇ ਦਰ ਤੇ ਆਏ ਵਡ-ਭਾਗੀਆਂ ਉਤੇ) ਗੁਰੂ ਦੀ ਕਿਰਪਾ ਨਾਲ ਪਰਮਾਤਮਾ ਖ਼ੁਸ਼ ਰਹਿੰਦਾ ਹੈ ॥੨॥੨੭॥੧੧੩॥
35252	827	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35253	827	ਮੂ ਲਾਲਨ ਸਿਉ ਪ੍ਰੀਤਿ ਬਨੀ॥ਰਹਾਉ॥		Moo Laalan Sio Preeth Banee || Rehaao ||	I have fallen in love with my Beloved Lord. ||Pause||	ਹੇ ਭਾਈ! ਮੇਰਾ ਪਿਆਰ (ਤਾਂ ਹੁਣ) ਸੋਹਣੇ ਪ੍ਰਭੂ ਨਾਲ ਬਣ ਗਿਆ ਹੈ ਰਹਾਉ॥

35254	827	ਤੋਰੀ ਨ ਤੂਟੈ ਛੋਰੀ ਨ ਛੂਟੈ ਐਸੀ ਮਾਧੋ ਖਿੰਚ ਤਨੀ॥੧॥		Thoree N Thoottai Shhoree N Shhoottai Aisee Maadhho Khinch Thanee ||1||	Cutting it, it does not break, and releasing it, it does not let go. Such is the string the Lord has tied me with. ||1||	ਹੇ ਭਾਈ! ਪ੍ਰਭੂ ਨੇ ਪਿਆਰ ਦੀ ਡੋਰ ਐਸੀ ਕੱਸੀ ਹੋਈ ਹੈ, ਕਿ ਉਹ ਡੋਰ ਨਾਹ ਹੁਣ ਤੋੜਿਆਂ ਟੁੱਟਦੀ ਹੈ ਅਤੇ ਨਾਹ ਛੱਡਿਆਂ ਛੱਡੀ ਜਾ ਸਕਦੀ ਹੈ ॥੧॥
35255	827	ਦਿਨਸੁ ਰੈਨਿ ਮਨ ਮਾਹਿ ਬਸਤੁ ਹੈ ਤੂ ਕਰਿ ਕਿਰਪਾ ਪ੍ਰਭ ਅਪਨੀ॥੨॥		Dhinas Rain Man Maahi Basath Hai Thoo Kar Kirapaa Prabh Apanee ||2||	Day and night, He dwells within my mind; please bless me with Your Mercy, O my God. ||2||	ਹੇ ਭਾਈ! ਉਹ ਪਿਆਰ ਹੁਣ ਦਿਨ ਰਾਤ ਤੇਰੇ ਮਨ ਵਿਚ ਵੱਸ ਰਿਹਾ ਹੈ। ਹੇ ਪ੍ਰਭੂ! ਤੂੰ ਆਪਣੀ ਕਿਰਪਾ ਕਰੀ ਰੱਖ (ਕਿ ਇਹ ਪਿਆਰ ਕਾਇਮ ਰਹੇ) ॥੨॥
35256	827	ਬਲਿ ਬਲਿ ਜਾਉ ਸਿਆਮ ਸੁੰਦਰ ਕਉ ਅਕਥ ਕਥਾ ਜਾ ਕੀ ਬਾਤ ਸੁਨੀ॥੩॥	ਅ-ਕਥ:ਪੋਲਾ ਬੋਲੋ	Bal Bal Jaao Siaam Sundhar Ko Akathh Kathhaa Jaa Kee Baath Sunee ||3||	I am a sacrifice, a sacrifice to my beauteous Lord; I have heard his Unspoken Speech and Story. ||3||	(ਹੇ ਭਾਈ! ਉਸ ਪਿਆਰ ਦੀ ਬਰਕਤ ਨਾਲ) ਮੈਂ (ਹਰ ਵੇਲੇ) ਉਸ ਦਾ ਸੋਹਣੇ ਪ੍ਰਭੂ ਤੋਂ ਸਦਕੇ ਜਾਂਦਾ ਹਾਂ ਜਿਸ ਦੀ ਬਾਬਤ ਇਹ ਗੱਲ ਸੁਣੀ ਹੋਈ ਹੈ ਕਿ ਉਸ ਦੀ ਸਿਫ਼ਤਿ-ਸਾਲਾਹ ਦੀ ਕਹਾਣੀ ਬਿਆਨ ਤੋਂ ਪਰੇ ਹੈ ॥੩॥

35257	827	ਜਨ ਨਾਨਕ ਦਾਸਨਿ ਦਾਸੁ ਕਹੀਅਤ ਹੈ ਮੋਹਿ ਕਰਹੁ ਕ੍ਰਿਪਾ ਠਾਕੁਰ ਅਪੁਨੀ॥੪॥੨੮॥੧੧੪॥		Jan Naanak Dhaasan Dhaas Keheeath Hai Mohi Karahu Kirapaa Thaakur Apunee ||4||28||114||	Servant Nanak is said to be the slave of His slaves; O my Lord and Master, please bless me with Your Mercy. ||4||28||114||	ਹੇ ਦਾਸ ਨਾਨਕ! (ਆਖ-ਹੇ ਪ੍ਰਭੂ! ਤੇਰਾ ਇਹ ਸੇਵਕ ਨਾਨਕ ਤੇਰੇ) ਦਾਸਾਂ ਦਾ ਦਾਸ ਅਖਵਾਂਦਾ ਹੈ। ਹੇ ਠਾਕੁਰ! ਆਪਣੀ ਕਿਰਪਾ ਮੇਰੇ ਉਤੇ ਕਰੀ ਰੱਖ (ਤੇ, ਇਹ ਪਿਆਰ ਬਣਿਆ ਰਹੇ) ॥੪॥੨੮॥੧੧੪॥
35258	827	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35259	827	ਹਰਿ ਕੇ ਚਰਨ ਜਪਿ ਜਾਂਉ ਕੁਰਬਾਨੁ॥		Har Kae Charan Jap Jaano Kurabaan ||	I meditate on the Lord's Feet; I am a sacrifice to Them.	ਹੇ ਭਾਈ! ਪਰਮਾਤਮਾ ਦੇ ਚਰਨ ਹਿਰਦੇ ਵਿਚ ਵਸਾ ਕੇ, ਮੈਂ ਉਸ ਤੋਂ (ਸਦਾ) ਸਦਕੇ ਜਾਂਦਾ ਹਾਂ।
35260	827	ਗੁਰੁ ਮੇਰਾ ਪਾਰਬ੍ਰਹਮ ਪਰਮੇਸੁਰੁ ਤਾ ਕਾ ਹਿਰਦੈ ਧਰਿ ਮਨ ਧਿਆਨੁ॥੧॥ਰਹਾਉ ॥		Gur Maeraa Paarabreham Paramaesur Thaa Kaa Hiradhai Dhhar Man Dhhiaan ||1|| Rehaao ||	My Guru is the Supreme Lord God, the Transcendent Lord; I enshrine Him within my heart, and meditate on Him within my mind. ||1||Pause||	ਹੇ ਮੇਰੇ ਮਨ! ਮੇਰਾ ਗੁਰੂ (ਭੀ) ਪਰਮਾਤਮਾ (ਦਾ ਰੂਪ) ਹੈ, ਹਿਰਦੇ ਵਿਚ ਉਸ (ਗੁਰੂ) ਦਾ ਧਿਆਨ ਧਰਿਆ ਕਰ ॥੧॥ ਰਹਾਉ ॥

35261	827	ਸਿਮਰਿ ਸਿਮਰਿ ਸਿਮਰਿ ਸੁਖਦਾਤਾ ਜਾ ਕਾ ਕੀਆ ਸਗਲ ਜਹਾਨੁ॥		Simar Simar Simar Sukhadhaathaa Jaa Kaa Keeaa Sagal Jehaan ||	Meditate, meditate, meditate in remembrance on the Giver of peace, who created the whole Universe.	ਹੇ ਭਾਈ! ਇਹ ਸਾਰਾ ਜਗਤ ਜਿਸ ਪਰਮਾਤਮਾ ਦਾ ਪੈਦਾ ਕੀਤਾ ਹੋਇਆ ਹੈ, ਸਾਰੇ ਸੁਖ ਦੇਣ ਵਾਲੇ ਉਸ ਪਰਮਾਤਮਾ ਨੂੰ ਸਦਾ ਹੀ ਯਾਦ ਕਰਦਾ ਰਹੁ।
35262	827	ਰਸਨਾ ਰਵਹੁ ਏਕੁ ਨਾਰਾਇਣੁ ਸਾਚੀ ਦਰਗਹ ਪਾਵਹੁ ਮਾਨੁ॥੧॥		Rasanaa Ravahu Eaek Naaraaein Saachee Dharageh Paavahu Maan ||1||	With your tongue, savor the One Lord, and you shall be honored in the Court of the True Lord. ||1||	(ਆਪਣੀ) ਜੀਭ ਨਾਲ ਉਸ ਇੱਕ ਪਰਮਾਤਮਾ ਦਾ ਨਾਮ ਜਪਿਆ ਕਰ, (ਪਰਮਾਤਮਾ ਦੀ) ਸਦਾ ਕਾਇਮ ਰਹਿਣ ਵਾਲੀ ਹਜ਼ੂਰੀ ਵਿਚ ਆਦਰ ਪ੍ਰਾਪਤ ਕਰੇਂਗਾ ॥੧॥
35263	827	ਸਾਧੂਸੰਗੁ ਪਰਾਪਤਿ ਜਾ ਕਉ ਤਿਨ ਹੀ ਪਾਇਆ ਏਹੁ ਨਿਧਾਨੁ॥		Saadhhoo Sang Paraapath Jaa Ko Thin Hee Paaeiaa Eaehu Nidhhaan ||	He alone obtains this treasure, who joins the Saadh Sangat, the Company of the Holy.	ਪਰ, ਹੇ ਭਾਈ! ਇਹ ਨਾਮ-ਖ਼ਜ਼ਾਨਾ ਉਸ ਮਨੁੱਖ ਨੇ ਹੀ ਹਾਸਲ ਕੀਤਾ ਹੈ, ਜਿਸ ਨੂੰ ਗੁਰੂ ਦੀ ਸੰਗਤਿ ਪ੍ਰਾਪਤ ਹੋਈ ਹੈ।

35264	827	ਗਾਵਉ ਗੁਣ ਕੀਰਤਨੁ ਨਿਤ ਸੁਆਮੀ ਕਰਿ ਕਿਰਪਾ ਨਾਨਕ ਦੀਜੈ ਦਾਨੁ॥੨॥੨੯॥੧੧੫॥		Gaavo Gun Keerathan Nith Suaamee Kar Kirapaa Naanak Dheejai Dhaan ||2||29||115||	O Lord and Master, mercifully bless Nanak with this gift, that he may ever sing the Glorious Praises of Your Kirtan. ||2||29||115||	ਹੇ ਮੇਰੇ ਮਾਲਕ! ਮੇਹਰ ਕਰ ਕੇ (ਮੈਨੂੰ) ਨਾਨਕ ਨੂੰ ਇਹ ਖ਼ੈਰ ਪਾ ਕਿ ਮੈਂ ਸਦਾ ਤੇਰੇ ਗੁਣ ਗਾਂਦਾ ਰਹਾਂ, ਸਦਾ ਤੇਰੀ ਸਿਫ਼ਤਿ-ਸਾਲਾਹ ਕਰਦਾ ਰਹਾਂ ॥੨॥੨੯॥੧੧੫॥
35265	827	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35266	827	ਰਾਖਿ ਲੀਏ ਸਤਿਗੁਰ ਕੀ ਸਰਣ॥		Raakh Leeeae Sathigur Kee Saran ||	I have been saved, in the Sanctuary of the True Guru.	(ਹੇ ਭਾਈ! ਇਹ ਸੰਸਾਰ ਇਕ ਸਮੁੰਦਰ ਹੈ, ਜਿਸ ਵਿਚੋਂ ਜਿਨ੍ਹਾਂ ਮਨੁੱਖਾਂ ਨੂੰ ਉਹ ਬਚਾਣਾ ਚਾਹੁੰਦਾ ਹੈ, ਉਹਨਾਂ ਨੂੰ) ਗੁਰੂ ਦੀ ਸਰਨ ਪਾ ਕੇ (ਇਸ ਸਮੁੰਦਰ ਵਿਚ ਡੁੱਬਣੋਂ) ਬਚਾ ਲੈਂਦਾ ਹੈ।
35267	827	ਜੈ ਜੈਕਾਰੁ ਹੋਆ ਜਗ ਅੰਤਰਿ ਪਾਰਬ੍ਰਹਮੁ ਮੇਰੋ ਤਾਰਣ ਤਰਣ॥੧॥ਰਹਾਉ॥		Jai Jai Kaar Hoaa Jag Anthar Paarabreham Maero Thaaran Tharan ||1|| Rehaao ||	I am cheered and applauded throughout the world; my Supreme Lord God carries me across. ||1||Pause||	(ਇਸ ਸੰਸਾਰ ਸਮੁੰਦ੍ਰ ਤੋਂ) ਪਾਰ ਲੰਘਣ ਵਾਸਤੇ ਪਾਰਬ੍ਰਹਮ ਪਰਮਾਤਮਾ (ਮਾਨੋ) ਜਹਾਜ਼ ਹੈ। (ਜਿਹੜੇ ਉਸ ਦੇ ਆਸਰੇ ਪਾਰ ਲੰਘ ਗਏ) ਜਗਤ ਵਿਚ ਉਹਨਾਂ ਦੀ ਸਦਾ ਹੀ ਸੋਭਾ ਹੁੰਦੀ ਹੈ ॥੧॥ ਰਹਾਉ ॥

35268	827	ਬਿਸ੍ਵੰਭਰ ਪੂਰਨ ਸੁਖਦਾਤਾ ਸਗਲ ਸਮਗ੍ਰੀ ਪੋਖਣ ਭਰਣ॥	ਬਿਸੁਅੰ-ਭਰ। ਸਮੱਗ੍ਰੀ	Bisvanbhar Pooran Sukhadhaathaa Sagal Samagree Pokhan Bharan ||	The Perfect Lord fills the Universe; He is the Giver of peace; He cherishes and fulfills the whole Universe.	ਹੇ ਭਾਈ! ਪਰਮਾਤਮਾ ਸਾਰੇ ਜਗਤ ਨੂੰ ਪਾਲਣ ਵਾਲਾ ਹੈ, ਸਰਬ-ਵਿਆਪਕ ਹੈ, ਸਾਰੇ ਸੁਖ ਦੇਣ ਵਾਲਾ ਹੈ, (ਜਗਤ ਨੂੰ) ਪਾਲਣ ਪੋਸਣ ਵਾਸਤੇ ਸਾਰੇ ਪਦਾਰਥ ਉਸ ਦੇ ਹੱਥ ਵਿਚ ਹਨ।
35269	827	ਥਾਨ ਥਨੰਤਰਿ ਸਰਬ ਨਿਰੰਤਰਿ ਬਲਿ ਬਲਿ ਜਾਂਈ ਹਰਿ ਕੇ ਚਰਣ॥੧॥		Thhaan Thhananthar Sarab Niranthar Bal Bal Jaanee Har Kae Charan ||1||	He is completely filling all places and interspaces; I am a devoted sacrifice to the Lord's Feet. ||1||	ਉਹ ਪਰਮਾਤਮਾ ਹਰੇਕ ਥਾਂ ਵਿਚ ਵੱਸ ਰਿਹਾ ਹੈ, ਸਭਨਾਂ ਵਿਚ ਇਕ ਰਸ ਵੱਸ ਰਿਹਾ ਹੈ। ਮੈਂ ਉਸ ਦੇ ਚਰਨਾਂ ਤੋਂ ਸਦਾ ਸਦਕੇ ਜਾਂਦਾ ਹਾਂ ॥੧॥
35270	827	ਜੀਅ ਜੁਗਤਿ ਵਸਿ ਮੇਰੇ ਸੁਆਮੀ ਸਰਬ ਸਿਧਿ ਤੁਮ ਕਾਰਣ ਕਰਣ॥	ਵੱਸਿ	Jeea Jugath Vas Maerae Suaamee Sarab Sidhh Thum Kaaran Karan ||	The ways of all beings are in Your Power, O my Lord and Master. All supernatural spiritual powers are Yours; You are the Creator, the Cause of causes.	ਹੇ ਮੇਰੇ ਮਾਲਕ! (ਸਭ ਜੀਵਾਂ ਦੀ) ਜੀਵਨ-ਜੁਗਤਿ ਤੇਰੇ ਵੱਸ ਵਿਚ ਹੈ, ਤੇਰੇ ਵੱਸ ਵਿਚ ਸਾਰੀਆਂ ਤਾਕਤਾਂ ਹਨ, ਤੂੰ ਹੀ ਸਾਰੇ ਜਗਤ ਦਾ ਪੈਦਾ ਕਰਨ ਵਾਲਾ ਹੈਂ।

35271	827	ਆਦਿ ਜੁਗਾਦਿ ਪ੍ਰਭੁ ਰਖਦਾ ਆਇਆ ਹਰਿ ਸਿਮਰਤ ਨਾਨਕ ਨਹੀ ਡਰਣ॥੨॥੩੦॥੧੧੬॥		Aadh Jugaadh Prabh Rakhadhaa Aaeiaa Har Simarath Naanak Nehee Ddaran ||2||30||116||	In the beginning, and throughout the ages, God is our Savior and Protector; remembering the Lord in meditation, O Nanak, fear is eliminated. ||2||30||116||	ਹੇ ਨਾਨਕ! ਸ਼ੁਰੂ ਤੋਂ ਹੀ ਪਰਮਾਤਮਾ (ਸਰਨ ਪਿਆਂ ਦੀ) ਰੱਖਿਆ ਕਰਦਾ ਆ ਰਿਹਾ ਹੈ। ਉਸ ਦਾ ਨਾਮ ਸਿਮਰਿਆਂ ਕੋਈ ਡਰ ਨਹੀਂ ਰਹਿ ਜਾਂਦਾ ਹੈ ॥੨॥੩੦॥੧੧੬॥
35272	827	ਰਾਗੁ ਬਿਲਾਵਲੁ ਮਹਲਾ ੫ ਦੁਪਦੇ ਘਰੁ ੮		Raag Bilaaval Mehalaa 5 Dhupadhae Ghar 8	Raag Bilaaval, Fifth Mehl, Du-Padas, Eighth House:	ਰਾਗ ਬਿਲਾਵਲੁ, ਘਰ ੮ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
35273	827	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
35274	827	ਮੈ ਨਾਹੀ ਪ੍ਰਭ ਸਭੁ ਕਿਛੁ ਤੇਰਾ॥		Mai Naahee Prabh Sabh Kishh Thaeraa ||	I am nothing, God; everything is Yours.	ਹੇ ਪ੍ਰਭੂ! ਮੇਰੀ (ਆਪਣੇ ਆਪ ਵਿਚ) ਕੋਈ ਪਾਂਇਆਂ ਨਹੀਂ ਹੈ। (ਮੇਰੇ ਪਾਸ) ਹਰੇਕ ਚੀਜ਼ ਤੇਰੀ ਹੀ ਬਖ਼ਸ਼ੀ ਹੋਈ ਹੈ।

35275	827	ਈਘੈ ਨਿਰਗੁਨ ਊਘੈ ਸਰਗੁਨ ਕੇਲ ਕਰਤ ਬਿਚਿ ਸੁਆਮੀ ਮੇਰਾ॥੧॥ਰਹਾਉ॥		Eeghai Niragun Ooghai Saragun Kael Karath Bich Suaamee Maeraa ||1|| Rehaao ||	In this world, You are the absolute, formless Lord; in the world hereafter, You are the related Lord of form. You play it both ways, O my Lord and Master. ||1||Pause||	ਹੇ ਭਾਈ! ਇਕ ਪਾਸੇ ਤਾਂ ਪ੍ਰਭੂ ਮਾਇਆ ਦੇ ਤਿੰਨ ਗੁਣਾਂ ਤੋਂ ਪਰੇ ਹੈ, ਦੂਜੇ ਪਾਸੇ ਪ੍ਰਭੂ ਮਾਇਆ ਦੇ ਤਿੰਨ ਗੁਣਾਂ ਸਮੇਤ ਹੈ। ਇਹਨਾਂ ਦੋਹਾਂ ਹੀ ਹਾਲਤਾਂ ਦੇ ਵਿਚਕਾਰ ਮੇਰਾ ਮਾਲਕ-ਪ੍ਰਭੂ ਇਹ ਜਗਤ-ਤਮਾਸ਼ਾ ਰਚਾਈ ਬੈਠਾ ਹੈ ॥੧॥ ਰਹਾਉ ॥
35276	827	ਨਗਰ ਮਹਿ ਆਪਿ ਬਾਹਰਿ ਫੁਨਿ ਆਪਨ ਪ੍ਰਭ ਮੇਰੇ ਕੋ ਸਗਲ ਬਸੇਰਾ॥		Nagar Mehi Aap Baahar Fun Aapan Prabh Maerae Ko Sagal Basaeraa ||	You exist within the city, and beyond it as well; O my God, You are everywhere.	ਹੇ ਭਾਈ! (ਹਰੇਕ ਸਰੀਰ-) ਨਗਰ ਵਿਚ ਪ੍ਰਭੂ ਆਪ ਹੀ ਹੈ, ਬਾਹਰ (ਸਾਰੇ ਜਗਤ ਵਿਚ) ਭੀ ਆਪ ਹੀ ਹੈ। ਸਭ ਜੀਵਾਂ ਵਿਚ ਮੇਰੇ ਪ੍ਰਭੂ ਦਾ ਹੀ ਨਿਵਾਸ ਹੈ।
35277	827	ਆਪੇ ਹੀ ਰਾਜਨੁ ਆਪੇ ਹੀ ਰਾਇਆ ਕਹ ਕਹ ਠਾਕੁਰੁ ਕਹ ਕਹ ਚੇਰਾ॥੧॥		Aapae Hee Raajan Aapae Hee Raaeiaa Keh Keh Thaakur Keh Keh Chaeraa ||1||	You Yourself are the King, and You Yourself are the subject. In one place, You are the Lord and Master, and in another place, You are the slave. ||1||	ਹੇ ਭਾਈ! ਪ੍ਰਭੂ ਆਪ ਹੀ ਰਾਜਾ ਹੈ ਆਪ ਹੀ ਰਈਅਤ ਹੈ। ਕਿਤੇ ਮਾਲਕ ਬਣਿਆ ਹੋਇਆ ਹੈ। ਕਿਤੇ ਸੇਵਕ ਬਣਿਆ ਹੋਇਆ ਹੈ ॥੧॥

35278	827	ਕਾ ਕਉ ਦੁਰਾਉ ਕਾ ਸਿਉ ਬਲ ਬੰਚਾ ਜਹ ਜਹ ਪੇਖਉ ਤਹ ਤਹ ਨੇਰਾ॥		Kaa Ko Dhuraao Kaa Sio Balabanchaa Jeh Jeh Paekho Theh Theh Naeraa ||	From whom should I hide? Whom should I try to deceive? Wherever I look, I see Him near at hand.	ਹੇ ਭਾਈ! ਮੈਂ ਜਿਧਰ ਜਿਧਰ ਵੇਖਦਾ ਹਾਂ, ਹਰ ਥਾਂ ਪਰਮਾਤਮਾ ਹੀ (ਹਰੇਕ ਦੇ) ਅੰਗ-ਸੰਗ ਵੱਸ ਰਿਹਾ ਹੈ। (ਉਸ ਤੋਂ ਬਿਨਾ ਕਿਤੇ ਭੀ ਕੋਈ ਹੋਰ ਨਹੀਂ ਹੈ, ਇਸ ਵਾਸਤੇ) ਕਿਸ ਪਾਸੋਂ ਕੋਈ ਝੂਠ-ਲੁਕਾਉ ਕੀਤਾ ਜਾਏ, ਤੇ, ਕਿਸ ਨਾਲ ਕੋਈ ਠੱਗੀ-ਫ਼ਰੇਬ ਕੀਤਾ ਜਾਏ? (ਉਹ ਤਾਂ ਸਭ ਕੁਝ ਵੇਖਦਾ ਜਾਣਦਾ ਹੈ)।
35279	827	ਸਾਧ ਮੂਰਤਿ ਗੁਰੁ ਭੇਟਿਓ ਨਾਨਕ ਮਿਲਿ ਸਾਗਰ ਬੂੰਦ ਨਹੀ ਅਨ ਹੇਰਾ॥੨॥੧॥੧੧੭॥	ਅਨਹੋਰ। (ਹੇਰਾ)ਦੇਖਦੇ ਨਹੀਂ	Saadhh Moorath Gur Bhaettiou Naanak Mil Saagar Boondh Nehee An Haeraa ||2||1||117||	I have met with Guru Nanak, the Embodiment of the Holy Saints. When the drop of water merges into the ocean, it cannot be distinguished as separate again. ||2||1||117||	ਹੇ ਨਾਨਕ! ਜਿਸ ਮਨੁੱਖ ਨੂੰ ਪਵਿੱਤਰ ਹਸਤੀ ਵਾਲਾ ਗੁਰੂ ਮਿਲ ਪੈਂਦਾ ਹੈ, (ਉਸ ਨੂੰ ਇਹ ਸਮਝ ਆ ਜਾਂਦੀ ਹੈ ਕਿ) ਸਮੁੰਦਰ ਵਿਚ ਮਿਲ ਕੇ ਪਾਣੀ ਦੀ ਬੂੰਦ (ਸਮੁੰਦਰ ਨਾਲੋਂ) ਵੱਖਰੀ ਨਹੀਂ ਦਿੱਸਦੀ ॥੨॥੧॥੧੧੭॥
35280	827	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35281	828	ਤੁਮ੍ ਸਮਰਥਾ ਕਾਰਨ ਕਰਨ॥	ਸਮਰੱਥਾ	Thumh Samarathhaa Kaaran Karan ||	You are the all-powerful Cause of causes.	ਹੇ ਮੇਰੇ ਸਭ ਤੋਂ ਵੱਡੇ (ਮਾਲਕ)! ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੂੰ ਜਗਤ ਦਾ ਰਚਨਹਾਰ ਹੈਂ,

35282	828	ਢਾਕਨ ਢਾਕਿ ਗੋਬਿਦ ਗੁਰ ਮੇਰੇ ਮੋਹਿ ਅਪਰਾਧੀ ਸਰਨ ਚਰਨ॥੧॥ਰਹਾਉ॥		Dtaakan Dtaak Gobidh Gur Maerae Mohi Aparaadhhee Saran Charan ||1|| Rehaao ||	Please cover my faults, Lord of the Universe, O my Guru; I am a sinner - I seek the Sanctuary of Your Feet. ||1||Pause||	ਹੇ ਮੇਰੇ ਗੋਬਿੰਦ! ਮੇਰਾ ਪਰਦਾ ਢੱਕ ਲੈ, ਮੈਂ ਪਾਪੀ ਤੇਰੇ ਚਰਨਾਂ ਦੀ ਸਰਨ ਆਇਆ ਹਾਂ ॥੧॥ ਰਹਾਉ ॥
35283	828	ਜੋ ਜੋ ਕੀਨੋ ਸੋ ਤੁਮ੍ਹ ਜਾਨਿਓ ਪੇਖਿਓ ਠਉਰ ਨਾਹੀ ਕਛੁ ਢੀਠ ਮੁਕਰਨ॥	ਐਸਾ ਕੋਈ (ਠਉਰ)ਥਾਂ ਨਹੀਂ ਜਿੱਥੇ ਆਪਜੀ ਨਹੀਂ (ਪੇਖਿਓ) ਦੇਖਦੇ,ਦਾਸ (ਮੁੱਕਰਨ)ਮੁੱਕਰ ਪੈਂਦਾ ਹੈ	Jo Jo Keeno So Thumh Jaaniou Paekhiou Thour Naahee Kashh Dteeth Mukaran ||	Whatever we do, You see and know; there is no way anyone can stubbornly deny this.	ਜੋ ਕੁਝ ਮੈਂ ਨਿੱਤ ਕਰਦਾ ਰਹਿੰਦਾ ਹਾਂ, ਹੇ ਪ੍ਰਭੂ! ਉਹ ਤੂੰ ਸਭ ਕੁਝ ਜਾਣਦਾ ਹੈਂ ਅਤੇ ਵੇਖਦਾ ਹੈਂ, (ਇਹਨਾਂ ਕਰਤੂਤਾਂ ਤੋਂ) ਮੈਨੂੰ ਢੀਠ ਨੂੰ ਮੁੱਕਰਨ ਦੀ ਕੋਈ ਗੁੰਜੈਸ਼ ਨਹੀਂ, (ਫਿਰ ਭੀ ਮੈਂ ਕਰੀ ਭੀ ਜਾਂਦਾ ਹਾਂ, ਤੇ ਲੁਕਾਂਦਾ ਭੀ ਹਾਂ)।
35284	828	ਬਡ ਪਰਤਾਪੁ ਸੁਨਿਓ ਪ੍ਰਭ ਤੁਮ੍ਰੋ ਕੋਟਿ ਅਘਾ ਤੇਰੋ ਨਾਮ ਹਰਨ॥੧॥		Badd Parathaap Suniou Prabh Thumharo Kott Aghaa Thaero Naam Haran ||1||	Your glorious radiance is great! So I have heard, O God. Millions of sins are destroyed by Your Name. ||1||	ਹੇ ਪ੍ਰਭੂ! ਮੈਂ ਸੁਣਿਆ ਹੈ ਕਿ ਤੂੰ ਬੜੀ ਸਮਰੱਥਾ ਵਾਲਾ ਹੈਂ, ਤੇਰਾ ਨਾਮ ਕ੍ਰੋੜਾਂ ਪਾਪ ਦੂਰ ਕਰ ਸਕਦਾ ਹੈ (ਮੈਨੂੰ ਭੀ ਆਪਣਾ ਨਾਮ ਬਖ਼ਸ਼) ॥੧॥
35285	828	ਹਮਰੋ ਸਹਾਉ ਸਦਾ ਸਦ ਭੂਲਨ ਤੁਮ੍ਰੋ ਬਿਰਦੁ ਪਤਿਤ ਉਧਰਨ॥	ਔਗੁਣਾਂ ਤੋਂ (ਉ-ਧਰਨ)ਉਧਾਰਨ ਵਾਲੇ	Hamaro Sehaao Sadhaa Sadh Bhoolan Thumharo Biradh Pathith Oudhharan ||	It is my nature to make mistakes, forever and ever; it is Your Natural Way to save sinners.	ਹੇ ਪ੍ਰਭੂ! ਅਸਾਂ ਜੀਵ ਦਾ ਸੁਭਾਉ ਹੀ ਹੈ ਨਿੱਤ ਭੁੱਲਾਂ ਕਰਦੇ ਰਹਿਣਾ। ਤੇਰਾ ਮੁੱਢ-ਕਦੀਮਾਂ ਦਾ ਸੁਭਾਉ ਹੈ ਵਿਕਾਰੀਆਂ ਨੂੰ ਵਿਕਾਰਾਂ ਤੋਂ ਬਚਾਣਾ।

35286	828	ਕਰੁਣਾਮੈ ਕਿਰਪਾਲ ਕ੍ਰਿਪਾਨਿਧਿ ਜੀਵਨਪਦ ਨਾਨਕ ਹਰਿ ਦਰਸਨ॥੨॥੨॥੧੧੮॥		Karunaa Mai Kirapaal Kirapaa Nidhh Jeevan Padh Naanak Har Dharasan ||2||2||118||	You are the embodiment of kindness, and the treasure of compassion, O Merciful Lord; through the Blessed Vision of Your Darshan, Nanak has found the state of redemption in life. ||2||2||118||	ਹੇ ਤਰਸ ਦੇ ਸੋਮੇ! ਹੇ ਕਿਰਪਾਲ! ਹੇ ਕਿਰਪਾ ਦੇ ਖ਼ਜ਼ਾਨੇ! ਨਾਨਕ ਨੂੰ ਆਪਣਾ ਦਰਸਨ ਦੇਹ, ਤੇਰਾ ਦਰਸਨ ਉੱਚੇ ਆਤਮਕ ਜੀਵਨ ਦਾ ਦਰਜਾ ਬਖ਼ਸ਼ਣ ਵਾਲਾ ਹੈ ॥੨॥੨॥੧੧੮॥
35287	828	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35288	828	ਐਸੀ ਕਿਰਪਾ ਮੋਹਿ ਕਰਹੁ॥		Aisee Kirapaa Mohi Karahu ||	Bless me with such mercy, Lord,	ਹੇ ਪ੍ਰਭੂ! ਮੇਰੇ ਉਤੇ ਇਹ ਮੇਹਰ ਕਰ,
35289	828	ਸੰਤਹ ਚਰਣ ਹਮਾਰੋ ਮਾਥਾ ਨੈਨ ਦਰਸੁ ਤਨਿ ਧੂਰਿ ਪਰਹੁ॥੧॥ਰਹਾਉ॥		Santheh Charan Hamaaro Maathhaa Nain Dharas Than Dhhoor Parahu ||1|| Rehaao ||	That my forehead may touch the feet of the Saints, and my eyes may behold the Blessed Vision of their Darshan, and my body may fall at the dust of their feet. ||1||Pause||	ਕਿ ਸੰਤਾਂ ਦੇ ਚਰਨਾਂ ਉਤੇ ਮੇਰਾ ਮੱਥਾ (ਸਿਰ) ਪਿਆ ਰਹੇ, ਮੇਰੀਆਂ ਅੱਖਾਂ ਵਿਚ ਸੰਤ ਜਨਾਂ ਦਾ ਦਰਸਨ ਟਿਕਿਆ ਰਹੇ, ਮੇਰੇ ਸਰੀਰ ਉਤੇ ਸੰਤਾਂ ਦੇ ਚਰਨਾਂ ਦੀ ਧੂੜ ਪਾਈ ਰੱਖੋ ॥੧॥ ਰਹਾਉ ॥

35290	828	ਗੁਰ ਕੋ ਸਬਦੁ ਮੇਰੈ ਹੀਅਰੈ ਬਾਸੈ ਹਰਿ ਨਾਮਾ ਮਨ ਸੰਗਿ ਧਰਹੁ॥		Gur Ko Sabadh Maerai Heearai Baasai Har Naamaa Man Sang Dhharahu ||	May the Word of the Guru's Shabad abide within my heart, and the Lord's Name be enshrined within my mind.	(ਹੇ ਪ੍ਰਭੂ! ਮੇਰੇ ਉਤੇ ਇਹ ਮੇਹਰ ਕਰੋ-) ਗੁਰੂ ਦਾ ਸ਼ਬਦ ਮੇਰੇ ਹਿਰਦੇ ਵਿਚ (ਸਦਾ) ਵੱਸਦਾ ਰਹੇ, ਹੇ ਹਰੀ! ਆਪਣਾ ਨਾਮ ਮੇਰੇ ਮਨ ਵਿਚ ਟਿਕਾਈ ਰੱਖ।
35291	828	ਤਸਕਰ ਪੰਚ ਨਿਵਾਰਹੁ ਠਾਕੁਰ ਸਗਲੋ ਭਰਮਾ ਹੋਮਿ ਜਰਹੁ॥੧॥		Thasakar Panch Nivaarahu Thaakur Sagalo Bharamaa Hom Jarahu ||1||	Drive out the five thieves, O my Lord and Master, and let my doubts all burn like incense. ||1||	ਹੇ ਠਾਕੁਰ! (ਮੇਰੇ ਅੰਦਰੋਂ ਕਾਮਾਦਿਕ) ਪੰਜੇ ਚੋਰ ਕੱਢ ਦੇ, ਮੇਰੀ ਸਾਰੀ ਭਟਕਣਾ ਅੱਗ ਵਿਚ ਸਾੜ ਦੇ ॥੧॥
35292	828	ਜੋ ਤੁਮ੍ ਕਰਹੁ ਸੋਈ ਭਲ ਮਾਨੈ ਭਾਵਨੁ ਦੁਬਿਧਾ ਦੂਰਿ ਟਰਹੁ॥		Jo Thumh Karahu Soee Bhal Maanai Bhaavan Dhubidhhaa Dhoor Ttarahu ||	Whatever You do, I accept as good; I have driven out the sense of duality.	(ਹੇ ਪ੍ਰਭੂ! ਮੇਰੇ ਉਤੇ ਇਹ ਮੇਹਰ ਕਰ-) ਜੋ ਕੁਝ ਤੂੰ ਕਰਦਾ ਹੈਂ, ਉਸੇ ਨੂੰ (ਮੇਰਾ ਮਨ) ਚੰਗਾ ਮੰਨੇ। (ਹੇ ਪ੍ਰਭੂ! ਮੇਰੇ ਅੰਦਰੋਂ) ਵਿਤਕਰਿਆਂ ਦਾ ਚੰਗਾ ਲੱਗਣਾ ਕੱਢ ਦੇ।
35293	828	ਨਾਨਕ ਕੇ ਪ੍ਰਭ ਤੁਮ ਹੀ ਦਾਤੇ ਸੰਤਸੰਗਿ ਲੇ ਮੋਹਿ ਉਧਰਹੁ॥੨॥੩॥੧੧੯॥	ਔਗੁਣਾਂ ਤੋਂ(ਉ-ਧਰਹੁ)ਉਧਾਰਨਾ ਕਰੋ	Naanak Kae Prabh Thum Hee Dhaathae Santhasang Lae Mohi Oudhharahu ||2||3||119||	You are Nanak's God, the Great Giver; in the Congregation of the Saints, emancipate me. ||2||3||119||	ਹੇ ਪ੍ਰਭੂ! ਤੂੰ ਹੀ ਨਾਨਕ ਨੂੰ ਸਭ ਦਾਤਾਂ ਦੇਣ ਵਾਲਾ ਹੈਂ। (ਨਾਨਕ ਦੀ ਇਹ ਅਰਜ਼ੋਈ ਹੈ-) ਸੰਤਾਂ ਦੀ ਸੰਗਤਿ ਵਿਚ ਰੱਖ ਕੇ ਮੈਨੂੰ (ਨਾਨਕ ਨੂੰ ਕਾਮਾਦਿਕ ਤਸਕਰਾਂ ਤੋਂ) ਬਚਾ ਲੈ ॥੨॥੩॥੧੧੯॥
35294	828	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

35295	828	ਐਸੀ ਦੀਖਿਆ ਜਨ ਸਿਉ ਮੰਗਾ॥		Aisee Dheekhiaa Jan Sio Mangaa ||	I ask for such advice from Your humble servants,	(ਹੇ ਪ੍ਰਭੂ! ਤੇਰੇ) ਸੇਵਕਾਂ ਪਾਸੋਂ ਮੈਂ ਇਹ ਸਿੱਖਿਆ ਮੰਗਦਾ ਹਾਂ,
35296	828	ਤੁਮ੍ਰੋ ਧਿਆਨੁ ਤੁਮ੍ਾਰੋ ਰੰਗਾ॥		Thumharo Dhhiaan Thumhaaro Rangaa ||	That I may meditate on You, and love You,	ਕਿ ਤੇਰੇ ਹੀ ਚਰਨਾਂ ਦਾ ਧਿਆਨ, ਤੇਰਾ ਹੀ ਪ੍ਰੇਮ (ਮੇਰੇ ਅੰਦਰ ਬਣਿਆ ਰਹੇ)।
35297	828	ਤੁਮ੍ਰੀ ਸੇਵਾ ਤੁਮ੍ਾਰੇ ਅੰਗਾ॥੧॥ਰਹਾਉ॥		Thumharee Saevaa Thumhaarae Angaa ||1|| Rehaao ||	And serve You, and become part and parcel of Your Being. ||1||Pause||	ਤੇਰੀ ਹੀ ਸੇਵਾ ਭਗਤੀ ਕਰਦਾ ਰਹਾਂ, ਤੇਰੇ ਹੀ ਚਰਨਾਂ ਵਿਚ ਜੁੜਿਆ ਰਹਾਂ ॥੧॥ ਰਹਾਉ ॥
35298	828	ਜਨ ਕੀ ਟਹਲ ਸੰਭਾਖਨੁ ਜਨ ਸਿਉ ਊਠਨੁ ਬੈਠਨੁ ਜਨ ਕੈ ਸੰਗਾ॥	(ਸੰ-ਭਾਖਨੁ) ਸ੍ਰੇਸ਼ਟ ਬੋਲ ਚਾਲ।	Jan Kee Ttehal Sanbhaakhan Jan Sio Oothan Baithan Jan Kai Sangaa ||	I serve His humble servants, and speak with them, and abide with them.	(ਹੇ ਪ੍ਰਭੂ! ਤੇਰੇ ਸੇਵਕਾਂ ਪਾਸੋਂ ਮੈਂ ਇਹ ਦਾਨ ਮੰਗਦਾ ਹਾਂ ਕਿ ਤੇਰੇ) ਸੇਵਕਾਂ ਦੀ ਮੈਂ ਟਹਿਲ ਕਰਦਾ ਰਹਾਂ, ਤੇਰੇ ਸੇਵਕਾਂ ਨਾਲ ਹੀ ਮੇਰਾ ਬੋਲ-ਚਾਲ ਰਹੇ, ਮੇਰਾ ਮੇਲ-ਜੋਲ ਭੀ ਤੇਰੇ ਸੇਵਕਾਂ ਨਾਲ ਹੀ ਰਹੇ।
35299	828	ਜਨ ਚਰ ਰਜ ਮੁਖਿ ਮਾਥੈ ਲਾਗੀ ਆਸਾ ਪੂਰਨ ਅਨਤ ਤਰੰਗਾ॥੧॥	ਰਜਚਰਨ ਧੂੜੀ। ਰਜ:ਪੋਲਾ ਬੋਲੋ	Jan Char Raj Mukh Maathhai Laagee Aasaa Pooran Ananth Tharangaa ||1||	I apply the dust of the feet of His humble servants to my face and forehead; my hopes, and the many waves of desire, are fulfilled. ||1||	ਤੇਰੇ ਸੇਵਕਾਂ ਦੇ ਚਰਨਾਂ ਦੀ ਧੂੜ ਮੇਰੇ ਮੂੰਹ-ਮੱਥੇ ਉਤੇ ਲੱਗਦੀ ਰਹੇ-ਇਹ ਚਰਨ-ਧੂੜ (ਮਾਇਆ ਦੀਆਂ) ਅਨੇਕਾਂ ਲਹਿਰਾਂ ਪੈਦਾ ਕਰਨ ਵਾਲੀਆਂ ਆਸਾਂ ਨੂੰ ਸ਼ਾਂਤ ਕਰ ਦੇਂਦੀ ਹੈ ॥੧॥

35300	828	ਜਨ ਪਾਰਬ੍ਰਹਮ ਜਾ ਕੀ ਨਿਰਮਲ ਮਹਿਮਾ ਜਨ ਕੇ ਚਰਨ ਤੀਰਥ ਕੋਟਿ ਗੰਗਾ॥		Jan Paarabreham Jaa Kee Niramal Mehimaa Jan Kae Charan Theerathh Kott Gangaa ||	Immaculate and pure are the praises of the humble servants of the Supreme Lord God; the feet of His humble servants are equal to millions of sacred shrines of pilgrimage.	ਪਰਮਾਤਮਾ ਦੇ ਸੇਵਕ ਐਸੇ ਹਨ ਕਿ ਉਹਨਾਂ ਦੀ ਸੋਭਾ ਦਾਗ਼-ਹੀਨ ਹੁੰਦੀ ਹੈ, ਸੇਵਕਾਂ ਦੇ ਚਰਨ ਗੰਗਾ ਆਦਿਕ ਕ੍ਰੋੜਾਂ ਤੀਰਥਾਂ ਦੇ ਤੁੱਲ ਹਨ।
35301	828	ਜਨ ਕੀ ਧੂਰਿ ਕੀਓ ਮਜਨੁ ਨਾਨਕ ਜਨਮ ਜਨਮ ਕੇ ਹਰੇ ਕਲੰਗਾ॥੨॥੪॥੧੨੦॥	ਮਜਨੁ, ਕ-ਲੰਗਾ	Jan Kee Dhhoor Keeou Majan Naanak Janam Janam Kae Harae Kalangaa ||2||4||120||	Nanak bathes in the dust of the feet of His humble servants; the sinful resides of countless incarnations have been washed away. ||2||4||120||	ਹੇ ਨਾਨਕ! ਜਿਸ ਮਨੁੱਖ ਨੇ ਪ੍ਰਭੂ ਦੇ ਸੇਵਕਾਂ ਦੀ ਚਰਨ-ਧੂੜ ਵਿਚ ਇਸ਼ਨਾਨ ਕਰ ਲਿਆ, ਉਸ ਦੇ ਅਨੇਕਾਂ ਜਨਮਾਂ ਦੇ (ਕੀਤੇ ਹੋਏ) ਪਾਪ ਦੂਰ ਹੋ ਜਾਂਦੇ ਹਨ ॥੨॥੪॥੧੨੦॥
35302	828	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35303	828	ਜਿਉ ਭਾਵੈ ਤਿਉ ਮੋਹਿ ਪ੍ਰਤਿਪਾਲ॥		Jio Bhaavai Thio Mohi Prathipaal ||	If it pleases You, then cherish me.	ਹੇ ਪ੍ਰਭੂ! ਜਿਵੇਂ ਹੋ ਸਕੇ, ਤਿਵੇਂ (ਔਗੁਣਾਂ ਤੋਂ) ਮੇਰੀ ਰਾਖੀ ਕਰ।

35304	828	ਪਾਰਬ੍ਰਹਮ ਪਰਮੇਸਰ ਸਤਿਗੁਰ ਹਮ ਬਾਰਿਕ ਤੁਮ੍ਹ ਪਿਤਾ ਕਿਰਪਾਲ॥੧॥ਰਹਾਉ ॥		Paarabreham Paramaesar Sathigur Ham Baarik Thumh Pithaa Kirapaal ||1|| Rehaao ||	O Supreme Lord God, Transcendent Lord, O True Guru, I am Your child, and You are my Merciful Father. ||1||Pause||	ਹੇ ਪਾਰਬ੍ਰਹਮ! ਹੇ ਪਰਮੇਸਰ! ਹੇ ਸਤਿਗੁਰੂ! ਅਸੀਂ (ਜੀਵ) ਤੁਹਾਡੇ ਹਾਂ, ਤੁਸੀ ਸਾਡੇ ਪਾਲਣਹਾਰ ਪਿਤਾ ਹੋ ॥੧॥ ਰਹਾਉ ॥
35305	828	ਮੋਹਿ ਨਿਰਗੁਣ ਗੁਣੁ ਨਾਹੀ ਕੋਈ ਪਹੁਚਿ ਨ ਸਾਕਉ ਤੁਮ੍ਹਰੀ ਘਾਲ॥		Mohi Niragun Gun Naahee Koee Pahuch N Saako Thumharee Ghaal ||	I am worthless; I have no virtues at all. I cannot understand Your actions.	ਹੇ ਪ੍ਰਭੂ! ਮੈਂ ਗੁਣ-ਹੀਨ ਵਿਚ ਕੋਈ ਭੀ ਗੁਣ ਨਹੀਂ ਹੈ, ਮੈਂ ਉਸ ਮੇਹਨਤ ਦੀ ਕਦਰ ਨਹੀਂ ਜਾਣ ਸਕਦਾ (ਜੋ ਤੂੰ ਅਸਾਂ ਜੀਵਾਂ ਦੀ ਪਾਲਣਾ ਵਾਸਤੇ ਕਰ ਰਿਹਾ ਹੈਂ)।
35306	828	ਤੁਮਰੀ ਗਤਿ ਮਿਤਿ ਤੁਮ ਹੀ ਜਾਨਹੁ ਜੀਉ ਪਿੰਡੁ ਸਭੁ ਤੁਮਰੋ ਮਾਲ॥੧॥		Thumaree Gath Mith Thum Hee Jaanahu Jeeo Pindd Sabh Thumaro Maal ||1||	You alone know Your state and extent. My soul, body and property are all Yours. ||1||	ਹੇ ਪ੍ਰਭੂ! ਤੂੰ ਕਿਹੋ ਜਿਹਾ ਹੈਂ ਅਤੇ ਕੇਡਾ ਵੱਡਾ ਹੈਂ-ਇਹ ਗੱਲ ਤੂੰ ਆਪ ਹੀ ਜਾਣਦਾ ਹੈਂ। (ਅਸਾਂ ਜੀਵਾਂ ਦਾ ਇਹ) ਸਰੀਰ ਤੇ ਜਿੰਦ ਤੇਰਾ ਹੀ ਦਿੱਤਾ ਹੋਇਆ ਸਰਮਾਇਆ ਹੈ ॥੧॥

35307	828	ਅੰਤਰਜਾਮੀ ਪੁਰਖ ਸੁਆਮੀ ਅਨਬੋਲਤ ਹੀ ਜਾਨਹੁ ਹਾਲ॥		Antharajaamee Purakh Suaamee Anabolath Hee Jaanahu Haal ||	You are the Inner-knower, the Searcher of hearts, the Primal Lord and Master; You know even what is unspoken.	ਹੇ ਹਰੇਕ ਦੇ ਦਿਲ ਦੀ ਜਾਣਨ ਵਾਲੇ! ਹੇ ਸਰਬ-ਵਿਆਪਕ ਮਾਲਕ! ਬਿਨਾ ਸਾਡੇ ਬੋਲਣ ਦੇ ਹੀ ਤੂੰ ਸਾਡਾ ਹਾਲ ਜਾਣਦਾ ਹੈਂ।
35308	828	ਤਨੁ ਮਨੁ ਸੀਤਲੁ ਹੋਇ ਹਮਾਰੋ ਨਾਨਕ ਪ੍ਰਭ ਜੀਉ ਨਦਰਿ ਨਿਹਾਲ॥੨॥੫॥੧੨੧॥		Than Man Seethal Hoe Hamaaro Naanak Prabh Jeeo Nadhar Nihaal ||2||5||121||	My body and mind are cooled and soothed, O Nanak, by God's Glance of Grace. ||2||5||121||	ਹੇ ਨਾਨਕ! (ਆਖ-) ਹੇ ਪ੍ਰਭੂ ਜੀ! ਮੇਹਰ ਦੀ ਨਿਗਾਹ ਨਾਲ ਮੇਰੇ ਵਲ ਤੱਕ, ਤਾ ਕਿ ਮੇਰਾ ਤਨ ਮੇਰਾ ਮਨ ਠੰਢਾ-ਠਾਰ ਹੋ ਜਾਏ ॥੨॥੫॥੧੨੧॥
35309	828	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35310	828	ਰਾਖੁ ਸਦਾ ਪ੍ਰਭ ਅਪਨੈ ਸਾਥ॥		Raakh Sadhaa Prabh Apanai Saathh ||	Keep me with You forever, O God.	ਹੇ ਪ੍ਰਭੂ! ਸਾਨੂੰ ਤੂੰ ਸਦਾ ਆਪਣੇ ਚਰਨਾਂ ਵਿਚ ਟਿਕਾਈ ਰੱਖ।

35311	828	ਤੂ ਹਮਰੋ ਪ੍ਰੀਤਮੁ ਮਨਮੋਹਨੁ ਤੁਝ ਬਿਨੁ ਜੀਵਨੁ ਸਗਲ ਅਕਾਥ॥੧॥ਰਹਾਉ॥		Thoo Hamaro Preetham Manamohan Thujh Bin Jeevan Sagal Akaathh ||1|| Rehaao ||	You are my Beloved, the Enticer of my mind; without You, my life is totally useless. ||1||Pause||	ਤੂੰ ਸਾਡਾ ਪਿਆਰਾ ਹੈਂ, ਤੂੰ ਸਾਡੇ ਮਨ ਨੂੰ ਖਿੱਚ ਪਾਣ ਵਾਲਾ ਹੈਂ। ਤੈਥੋਂ ਵਿਛੁੜ ਕੇ (ਅਸਾਂ ਜੀਵਾਂ ਦੀ) ਸਾਰੀ ਹੀ ਜ਼ਿੰਦਗੀ ਵਿਅਰਥ ਹੈ ॥੧॥ ਰਹਾਉ ॥
35312	828	ਰੰਕ ਤੇ ਰਾਉ ਕਰਤ ਖਿਨ ਭੀਤਰਿ ਪ੍ਰਭੁ ਮੇਰੋ ਅਨਾਥ ਕੋ ਨਾਥ॥		Rank Thae Raao Karath Khin Bheethar Prabh Maero Anaathh Ko Naathh ||	In an instant, You transform the beggar into a king; O my God, You are the Master of the masterless.	ਹੇ ਭਾਈ! ਮੇਰਾ ਪ੍ਰਭੂ ਨਿਖਸਮਿਆਂ ਦਾ ਖਸਮ ਹੈ, ਇਕ ਖਿਨ ਵਿਚ ਕੰਗਾਲ ਨੂੰ ਰਾਜਾ ਬਣਾ ਦੇਂਦਾ ਹੈ।
35313	828	ਜਲਤ ਅਗਨਿ ਮਹਿ ਜਨ ਆਪਿ ਉਧਾਰੇ ਕਰਿ ਅਪੁਨੇ ਦੇ ਰਾਖੇ ਹਾਥ॥੧॥		Jalath Agan Mehi Jan Aap Oudhhaarae Kar Apunae Dhae Raakhae Haathh ||1||	You save Your humble servants from the burning fire; You make them Your own, and with Your Hand, You protect them. ||1||	(ਤ੍ਰਿਸ਼ਨਾ ਦੀ) ਅੱਗ ਵਿਚ ਸੜਦਿਆਂ ਨੂੰ ਸੇਵਕ ਬਣਾ ਕੇ ਆਪ ਬਚਾ ਲੈਂਦਾ ਹੈ, ਆਪਣੇ ਬਣਾ ਕੇ ਹੱਥ ਦੇ ਕੇ, ਉਹਨਾਂ ਦੀ ਰੱਖਿਆ ਕਰਦਾ ਹੈ ॥੧॥

35314	828	ਸੀਤਲ ਸੁਖੁ ਪਾਇਓ ਮਨ ਤ੍ਰਿਪਤੇ ਹਰਿ ਸਿਮਰਤ ਸ੍ਰਮ ਸਗਲੇ ਲਾਥ॥		Seethal Sukh Paaeiou Man Thripathae Har Simarath Sram Sagalae Laathh ||	I have found peace and cool tranquility, and my mind is satisfied; meditating in remembrance on the Lord, all struggles are ended.	ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਦਿਆਂ ਸ਼ਾਂਤੀ ਦੇਣ ਵਾਲਾ ਆਨੰਦ ਮਿਲ ਜਾਂਦਾ ਹੈ, ਮਨ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦਾ ਹੈ, (ਮਾਇਆ ਦੀ ਖ਼ਾਤਰ) ਸਾਰੀਆਂ ਭਟਕਣਾਂ ਮੁੱਕ ਜਾਂਦੀਆਂ ਹਨ।
35315	828	ਨਿਧਿ ਨਿਧਾਨ ਨਾਨਕ ਹਰਿ ਸੇਵਾ ਅਵਰ ਸਿਆਨਪ ਸਗਲ ਅਕਾਥ ॥੨॥੬॥੧੨੨॥		Nidhh Nidhhaan Naanak Har Saevaa Avar Siaanap Sagal Akaathh ||	Service to the Lord, O Nanak, is the treasure of treasures; all other clever tricks are useless. ||2||6||122||	ਹੇ ਨਾਨਕ! ਪਰਮਾਤਮਾ ਦੀ ਸੇਵਾ-ਭਗਤੀ ਹੀ ਸਾਰੇ ਖ਼ਜ਼ਾਨਿਆਂ ਦਾ ਖ਼ਜ਼ਾਨਾ ਹੈ। (ਮਾਇਆ ਦੀ ਖ਼ਾਤਰ ਵਰਤੀ ਹੋਈ) ਹੋਰ ਸਾਰੀ ਚਤੁਰਾਈ (ਪ੍ਰਭੂ ਦੀ ਸੇਵਾ-ਭਗਤੀ ਦੇ ਸਾਹਮਣੇ) ਵਿਅਰਥ ਹੈ ॥੨॥੬॥੧੨੨॥
35316	829	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35317	829	ਅਪਨੇ ਸੇਵਕ ਕਉ ਕਬਹੁ ਨ ਬਿਸਾਰਹੁ॥		Apanae Saevak Ko Kabahu N Bisaarahu ||	Never forget Your servant, O Lord.	ਹੇ ਮੇਰੇ ਮਾਲਕ-ਪ੍ਰਭੂ! (ਮੈਨੂੰ) ਆਪਣੇ ਸੇਵਕ ਨੂੰ ਕਦੇ ਭੀ ਨਾਹ ਭੁਲਾਈਂ।

35318	829	ਉਰਿ ਲਾਗਹੁ ਸੁਆਮੀ ਪ੍ਰਭ ਮੇਰੇ ਪੂਰਬ ਪ੍ਰੀਤਿ ਗੋਬਿੰਦ ਬੀਚਾਰਹੁ॥੧॥ਰਹਾਉ ॥		Our Laagahu Suaamee Prabh Maerae Poorab Preeth Gobindh Beechaarahu ||1|| Rehaao ||	Hug me close in Your embrace, O God, my Lord and Master; consider my primal love for You, O Lord of the Universe. ||1||Pause||	ਮੇਰੇ ਹਿਰਦੇ ਵਿਚ ਵੱਸਿਆ ਰਹੁ। ਹੇ ਮੇਰੇ ਗੋਬਿੰਦ! ਮੇਰੀ ਪੂਰਬਲੀ ਪ੍ਰੀਤ ਨੂੰ ਚੇਤੇ ਰੱਖੀਂ ॥੧॥ ਰਹਾਉ ॥
35319	829	ਪਤਿਤ ਪਾਵਨ ਪ੍ਰਭ ਬਿਰਦੁ ਤੁਮ੍ਹਾਰੋ ਹਮਰੇ ਦੋਖ ਰਿਦੈ ਮਤ ਧਾਰਹੁ॥		Pathith Paavan Prabh Biradh Thumhaaro Hamarae Dhokh Ridhai Math Dhhaarahu ||	It is Your Natural Way, God, to purify sinners; please do not keep my errors in Your Heart.	ਹੇ ਪ੍ਰਭੂ! ਤੇਰਾ ਮੁੱਢ-ਕਦੀਮਾਂ ਦਾ ਸੁਭਾਉ ਹੈ ਕਿ ਤੂੰ ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਪਵਿੱਤਰ ਕਰ ਦੇਂਦਾ ਹੈਂ। ਹੇ ਪ੍ਰਭੂ! ਮੇਰੇ ਐਬ (ਭੀ) ਆਪਣੇ ਹਿਰਦੇ ਵਿਚ ਨਾਹ ਰੱਖੀਂ।
35320	829	ਜੀਵਨ ਪ੍ਰਾਨ ਹਰਿ ਧਨੁ ਸੁਖੁ ਤੁਮ ਹੀ ਹਉਮੈ ਪਟਲੁ ਕ੍ਰਿਪਾ ਕਰਿ ਜਾਰਹੁ॥੧॥		Jeevan Praan Har Dhhan Sukh Thum Hee Houmai Pattal Kirapaa Kar Jaarahu ||1||	You are my life, my breath of life, O Lord, my wealth and peace; be merciful to me, and burn away the curtain of egotism. ||1||	ਹੇ ਹਰੀ! ਤੂੰ ਹੀ ਮੇਰੀ ਜਿੰਦ-ਜਾਨ ਹੈਂ, ਤੂੰ ਹੀ ਮੇਰਾ ਧਨ ਹੈਂ, ਤੂੰ ਹੀ ਮੇਰਾ ਸੁਖ ਹੈਂ। ਮੇਹਰ ਕਰ ਕੇ (ਮੇਰੇ ਅੰਦਰੋਂ) ਹਉਮੈ ਦਾ ਪਰਦਾ ਸਾੜ ਦੇ ॥੧॥
35321	829	ਜਲ ਬਿਹੂਨ ਮੀਨ ਕਤ ਜੀਵਨ ਦੂਧ ਬਿਨਾ ਰਹਨੁ ਕਤ ਬਾਰੋ॥		Jal Bihoon Meen Kath Jeevan Dhoodhh Binaa Rehan Kath Baaro ||	Without water, how can the fish survive? Without milk, how can the baby survive?	ਹੇ ਮੇਰੇ ਮਾਲਕ-ਪ੍ਰਭੂ! ਪਾਣੀ ਤੋਂ ਬਿਨਾ ਮੱਛੀ ਕਦੇ ਜੀਊਂਦੀ ਨਹੀਂ ਰਹਿ ਸਕਦੀ। ਦੁੱਧ ਤੋਂ ਬਿਨਾ ਬੱਚਾ ਨਹੀਂ ਰਹਿ ਸਕਦਾ।

35322	829	ਜਨ ਨਾਨਕ ਪਿਆਸ ਚਰਨਕਮਲਨ੍ ਕੀ ਪੇਖਿ ਦਰਸੁ ਸੁਆਮੀ ਸੁਖ ਸਾਰੋ॥੨॥੭॥੧੨੩॥		Jan Naanak Piaas Charan Kamalanh Kee Paekh Dharas Suaamee Sukh Saaro ||2||7||123||	Servant Nanak thirsts for the Lord's Lotus Feet; gazing upon the Blessed Vision of his Lord and Master's Darshan, he finds the essence of peace. ||2||7||123||	(ਤਿਵੇਂ ਤੇਰੇ) ਦਾਸ ਨਾਨਕ ਨੂੰ ਤੇਰੇ ਸੋਹਣੇ ਚਰਨਾਂ ਦੇ ਦਰਸਨ ਦੀ ਪਿਆਸ ਹੈ, ਦਰਸਨ ਕਰ ਕੇ (ਤੇਰੇ ਸੇਵਕ ਨੂੰ) ਸਾਰੇ ਹੀ ਸੁਖ ਪ੍ਰਾਪਤ ਹੋ ਜਾਂਦੇ ਹਨ ॥੨॥੭॥੧੨੩॥
35323	829	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35324	829	ਆਗੈ ਪਾਛੈ ਕੁਸਲੁ ਭਇਆ॥		Aagai Paashhai Kusal Bhaeiaa ||	Here, and hereafter, there is happiness.	ਹੇ ਭਾਈ! ਉਸ ਮਨੁੱਖ ਵਾਸਤੇ ਇਸ ਲੋਕ ਵਿਚ ਅਤੇ ਪਰਲੋਕ ਵਿਚ ਸੁਖ ਬਣਿਆ ਰਹਿੰਦਾ ਹੈ,
35325	829	ਗੁਰਿ ਪੂਰੈ ਪੂਰੀ ਸਭ ਰਾਖੀ ਪਾਰਬ੍ਰਹਮਿ ਪ੍ਰਭਿ ਕੀਨੀ ਮਇਆ॥੧॥ਰਹਾਉ॥		Gur Poorai Pooree Sabh Raakhee Paarabreham Prabh Keenee Maeiaa ||1|| Rehaao ||	The Perfect Guru has perfectly, totally saved me; the Supreme Lord God has been kind to me. ||1||Pause||	ਜਿਸ ਉਤੇ ਪਾਰਬ੍ਰਹਮ ਨੇ ਪ੍ਰਭੂ ਨੇ ਮੇਹਰ ਕਰ ਦਿੱਤੀ, ('ਦੂਤ ਦੁਸਟ' ਦੇ ਟਾਕਰੇ ਤੇ) ਪੂਰੇ ਗੁਰੂ ਨੇ (ਜਿਸ ਮਨੁੱਖ ਦੀ) ਇੱਜ਼ਤ ਚੰਗੀ ਤਰ੍ਹਾਂ ਬਚਾ ਲਈ ॥੧॥ ਰਹਾਉ ॥

35326	829	ਮਨਿ ਤਨਿ ਰਵਿ ਰਹਿਆ ਹਰਿ ਪ੍ਰੀਤਮੁ ਦੂਖ ਦਰਦ ਸਗਲਾ ਮਿਟਿ ਗਇਆ॥		Man Than Rav Rehiaa Har Preetham Dhookh Dharadh Sagalaa Mitt Gaeiaa ||	The Lord, my Beloved, is pervading and permeating my mind and body; all my pains and sufferings are dispelled.	(ਹੇ ਭਾਈ! ਜਿਸ ਮਨੁੱਖ ਦੀ ਇੱਜ਼ਤ ਪੂਰਾ ਗੁਰੂ ਬਚਾਂਦਾ ਹੈ, ਉਸ ਦੇ) ਮਨ ਵਿਚ ਹਿਰਦੇ ਵਿਚ ਪ੍ਰੀਤਮ ਹਰੀ ਹਰ ਵੇਲੇ ਵੱਸਿਆ ਰਹਿੰਦਾ ਹੈ, ਉਸ ਦੇ ਸਾਰੇ ਦੁੱਖ ਦਰਦ ਮਿਟ ਜਾਂਦੇ ਹਨ।
35327	829	ਸਾਂਤਿ ਸਹਜ ਆਨਦ ਗੁਣ ਗਾਏ ਦੂਤ ਦੁਸਟ ਸਭਿ ਹੋਏ ਖਇਆ॥੧॥		Saanth Sehaj Aanadh Gun Gaeae Dhooth Dhusatt Sabh Hoeae Khaeiaa ||1||	In celestial peace, tranquility and bliss, I sing the Glorious Praises of the Lord; my enemies and adversaries have been totally destroyed. ||1||	ਉਹ (ਹਰ ਵੇਲੇ ਪ੍ਰਭੂ ਦੇ) ਗੁਣ ਗਾਂਦਾ ਰਹਿੰਦਾ ਹੈ (ਜਿਸ ਦੀ ਬਰਕਤ ਨਾਲ ਉਸ ਦੇ ਅੰਦਰ) ਸ਼ਾਂਤੀ ਅਤੇ ਅਡੋਲਤਾ ਦੇ ਆਨੰਦ ਬਣੇ ਰਹਿੰਦੇ ਹਨ, (ਕਾਮਾਦਿਕ) ਸਾਰੇ (ਉਸ ਦੇ) ਦੋਖੀ ਵੈਰੀ ਨਾਸ ਹੋ ਜਾਂਦੇ ਹਨ ॥੧॥
35328	829	ਗੁਨੁ ਅਵਗੁਨੁ ਪ੍ਰਭਿ ਕਛੁ ਨ ਬੀਚਾਰਿਓ ਕਰਿ ਕਿਰਪਾ ਅਪੁਨਾ ਕਰਿ ਲਇਆ॥		Gun Avagun Prabh Kashh N Beechaariou Kar Kirapaa Apunaa Kar Laeiaa ||	God has not considered my merits and demerits; in His Mercy, He has made me His own.	(ਹੇ ਭਾਈ! ਪੂਰਾ ਗੁਰੂ ਜਿਸ ਮਨੁੱਖ ਦੀ ਇੱਜ਼ਤ ਬਚਾਂਦਾ ਹੈ) ਪਰਮਾਤਮਾ ਉਸ ਦਾ ਕੋਈ ਗੁਣ ਔਗੁਣ ਨਹੀਂ ਪੜਤਾਲਦਾ, ਮੇਹਰ ਕਰ ਕੇ ਉਸ ਨੂੰ ਪ੍ਰਭੂ ਆਪਣਾ (ਸੇਵਕ) ਬਣਾ ਲੈਂਦਾ ਹੈ।

35329	829	ਅਤੁਲ ਬਡਾਈ ਅਚੁਤ ਅਬਿਨਾਸੀ ਨਾਨਕੁ ਉਚਰੈ ਹਰਿ ਕੀ ਜਇਆ॥੨॥੮॥੧੨੪॥	ਅ-ਤੁੱਲ। ਅ-ਚੁੱਤ	Athul Baddaaee Achuth Abinaasee Naanak Oucharai Har Kee Jaeiaa ||2||8||124||	Unweighable is the greatness of the immovable and imperishable Lord; Nanak proclaims the victory of the Lord. ||2||8||124||	ਹੇ ਭਾਈ! ਅਟੱਲ ਅਤੇ ਅਬਿਨਾਸ਼ੀ ਪਰਮਾਤਮਾ ਦੀ ਤਾਕਤ ਬੇ-ਮਿਸਾਲ ਹੈ। ਨਾਨਕ ਸਦਾ ਉਸੇ ਪ੍ਰਭੂ ਦੀ ਜੈ ਜੈਕਾਰ ਉਚਾਰਦਾ ਰਹਿੰਦਾ ਹੈ ॥੨॥੮॥੧੨੪॥
35330	829	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35331	829	ਬਿਨੁ ਭੈ ਭਗਤੀ ਤਰਨੁ ਕੈਸੇ॥		Bin Bhai Bhagathee Tharan Kaisae ||	Without the Fear of God, and devotional worship, how can anyone cross over the world-ocean?	ਹੇ ਭਾਈ! ਪਰਮਾਤਮਾ ਦਾ ਡਰ-ਅਦਬ ਮਨ ਵਿਚ ਵਸਾਣ ਤੋਂ ਬਿਨਾ, ਭਗਤੀ ਕਰਨ ਤੋਂ ਬਿਨਾ ਸੰਸਾਰ-ਸਮੁੰਦਰ ਤੋਂ ਪਾਰ-ਉਤਾਰਾ ਨਹੀਂ ਹੋ ਸਕਦਾ।
35332	829	ਕਰਹੁ ਅਨੁਗ੍ਰਹੁ ਪਤਿਤ ਉਧਾਰਨ ਰਾਖੁ ਸੁਆਮੀ ਆਪ ਭਰੋਸੇ॥੧॥ਰਹਾਉ॥	ਅ-ਨੁੱਗ੍ਰਹੁ	Karahu Anugrahu Pathith Oudhhaaran Raakh Suaamee Aap Bharosae ||1|| Rehaao ||	Be kind to me, O Saving Grace of sinners; preserve my faith in You, O my Lord and Master. ||1||Pause||	ਹੇ ਵਿਕਾਰੀਆਂ ਨੂੰ ਵਿਕਾਰਾਂ ਤੋਂ ਬਚਾਣ ਵਾਲੇ ਸੁਆਮੀ! (ਮੇਰੇ ਉਤੇ) ਮੇਹਰ ਕਰ, ਮੈਨੂੰ (ਇਹਨਾਂ ਵਿਕਾਰਾਂ ਤੋਂ) ਬਚਾਈ ਰੱਖ, ਮੈਂ ਤੇਰੇ ਹੀ ਆਸਰੇ ਹਾਂ ॥੧॥ ਰਹਾਉ ॥

35333	829	ਸਿਮਰਨੁ ਨਹੀ ਆਵਤ ਫਿਰਤ ਮਦ ਮਾਵਤ ਬਿਖਿਆ ਰਾਤਾ ਸੁਆਨ ਜੈਸੇ॥		Simaran Nehee Aavath Firath Madh Maavath Bikhiaa Raathaa Suaan Jaisae ||	The mortal does not remember the Lord in meditation; he wanders around intoxicated by egotism; he is engrossed in corruption like a dog.	(ਹੇ ਪ੍ਰਭੂ! ਤੇਰੀ ਮੇਹਰ ਤੋਂ ਬਿਨਾ ਜੀਵ ਨੂੰ ਤੇਰਾ) ਸਿਮਰਨ ਕਰਨ ਦੀ ਜਾਚ ਨਹੀਂ ਆਉਂਦੀ, ਮਾਇਆ ਦੇ ਨਸ਼ੇ ਵਿਚ ਮਸਤ ਭਟਕਦਾ ਹੈ, ਮਾਇਆ (ਦੇ ਰੰਗ) ਵਿਚ ਰੰਗਿਆ ਹੋਇਆ ਜੀਵ ਇਉਂ ਫਿਰਦਾ ਹੈ ਜਿਵੇਂ (ਹਲਕਿਆ) ਕੁੱਤਾ।
35334	829	ਅਉਧ ਬਿਹਾਵਤ ਅਧਿਕ ਮੋਹਾਵਤ ਪਾਪ ਕਮਾਵਤ ਬੁਡੇ ਐਸੇ॥੧॥		Aoudhh Bihaavath Adhhik Mohaavath Paap Kamaavath Buddae Aisae ||1||	Utterly cheated, his life is slipping away; committing sins, he is sinking away. ||1||	ਹੇ ਪ੍ਰਭੂ! ਜਿਉਂ ਜਿਉਂ ਉਮਰ ਬੀਤਦੀ ਹੈ, ਜੀਵ (ਵਿਕਾਰਾਂ ਦੀ ਹੱਥੀਂ) ਵਧੀਕ ਲੁੱਟੇ ਜਾਂਦੇ ਹਨ, ਬੱਸ! ਇਉਂ ਹੀ ਪਾਪ ਕਰਦੇ ਕਰਦੇ ਸੰਸਾਰ-ਸਮੁੰਦਰ ਵਿਚ ਡੁੱਬਦੇ ਜਾਂਦੇ ਹਨ ॥੧॥
35335	829	ਸਰਨਿ ਦੁਖਭੰਜਨ ਪੁਰਖ ਨਿਰੰਜਨ ਸਾਧੂਸੰਗਤਿ ਰਵਣੁ ਜੈਸੇ॥		Saran Dhukh Bhanjan Purakh Niranjan Saadhhoo Sangath Ravan Jaisae ||	I have come to Your Sanctuary, Destroyer of pain; O Primal Immaculate Lord, may I dwell upon You in the Saadh Sangat, the Company of the Holy.	ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਹੇ ਸਰਬ ਵਿਆਪਕ! ਹੇ ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲੇ! (ਮੇਹਰ ਕਰ, ਤਾ ਕਿ) ਜਿਵੇਂ ਭੀ ਹੋ ਸਕੇ (ਤੇਰਾ ਦਾਸ) ਸਾਧ ਸੰਗਤਿ ਵਿਚ (ਟਿਕ ਕੇ ਤੇਰਾ) ਸਿਮਰਨ ਕਰਦਾ ਰਹੇ।

35336	829	ਕੇਸਵ ਕਲੇਸ ਨਾਸ ਅਘ ਖੰਡਨ ਨਾਨਕ ਜੀਵਤ ਦਰਸ ਦਿਸੇ॥੨॥੯॥੧੨੫॥	ਦਿਸੇ:ਪੋਲਾ ਬੋਲੋ	Kaesav Kalaes Naas Agh Khanddan Naanak Jeevath Dharas Dhisae ||2||9||125||	O Lord of beautiful hair, Destroyer of pain, Eradicator of sins, Nanak lives, gazing upon the Blessed Vision of Your Darshan. ||2||9||125||	ਹੇ ਨਾਨਕ! (ਆਖ-) ਹੇ ਕੇਸ਼ਵ! ਹੇ ਕਲੇਸ਼ਾਂ ਦੇ ਨਾਸ ਕਰਨ ਵਾਲੇ! ਹੇ ਪਾਪਾਂ ਦੇ ਨਾਸ ਕਰਨ ਵਾਲੇ! (ਤੇਰਾ ਦਾਸ) ਨਾਨਕ ਤੇਰਾ ਦਰਸਨ ਕਰ ਕੇ ਹੀ ਆਤਮਕ ਜੀਵਨ ਹਾਸਲ ਕਰਦਾ ਹੈ ॥੨॥੯॥੧੨੫॥
35337	829	ਰਾਗੁ ਬਿਲਾਵਲੁ ਮਹਲਾ ੫ ਦੁਪਦੇ ਘਰੁ ੯	ਘਰੁ ਨਾਵਾਂ	Raag Bilaaval Mehalaa 5 Dhupadhae Ghar 9	Raag Bilaaval, Fifth Mehl, Du-Padas, Ninth House:	ਰਾਗ ਬਿਲਾਵਲੁ, ਘਰ ੯ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
35338	829	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
35339	829	ਆਪਹਿ ਮੇਲਿ ਲਏ॥		Aapehi Mael Leae ||	He Himself merges us with Himself.	(ਹੇ ਪ੍ਰਭੂ! ਤੇਰੀ ਸ਼ਰਨ ਪਿਆਂ ਨੂੰ ਤੂੰ) ਆਪਣੇ ਚਰਨਾਂ ਵਿਚ ਮਿਲਾ ਲੈਂਦਾ ਹੈਂ।
35340	829	ਜਬ ਤੇ ਸਰਨਿ ਤੁਮਾਰੀ ਆਏ ਤਬ ਤੇ ਦੋਖ ਗਏ॥੧॥ਰਹਾਉ॥		Jab Thae Saran Thumaaree Aaeae Thab Thae Dhokh Geae ||1|| Rehaao ||	When I came to Your Sanctuary, my sins vanished. ||1||Pause||	ਜਦੋਂ ਤੋਂ (ਜਿਹੜੇ ਮਨੁੱਖ) ਤੇਰੀ ਸਰਨ ਆਉਂਦੇ ਹਨ, ਤਦੋਂ ਤੋਂ (ਉਹਨਾਂ ਦੇ ਸਾਰੇ) ਪਾਪ ਦੂਰ ਹੋ ਜਾਂਦੇ ਹਨ ॥੧॥ ਰਹਾਉ ॥

35341	829	ਤਜਿ ਅਭਿਮਾਨੁ ਅਰੁ ਚਿੰਤ ਬਿਰਾਨੀ ਸਾਧਹ ਸਰਨ ਪਏ॥		Thaj Abhimaan Ar Chinth Biraanee Saadhheh Saran Peae ||	Renouncing egotistical pride and other anxieties, I have sought the Sanctuary of the Holy Saints.	(ਹੇ ਪ੍ਰਭੂ! ਜਿਨ੍ਹਾਂ ਨੂੰ ਤੂੰ ਆਪਣੇ ਚਰਨਾਂ ਵਿਚ ਜੋੜਦਾ ਹੈਂ, ਉਹ ਮਨੁੱਖ) ਅਹੰਕਾਰ ਛੱਡ ਕੇ ਅਤੇ ਬਿਗਾਨੀ ਆਸ ਦਾ ਖ਼ਿਆਲ ਛੱਡ ਕੇ ਸੰਤ ਜਨਾਂ ਦੀ ਸਰਨ ਆ ਪੈਂਦੇ ਹਨ,
35342	829	ਜਪਿ ਜਪਿ ਨਾਮੁ ਤੁਮ੍ਹਾਰੋ ਪ੍ਰੀਤਮ ਤਨ ਤੇ ਰੋਗ ਖਏ॥੧॥		Jap Jap Naam Thumhaaro Preetham Than Thae Rog Kheae ||1||	Chanting, meditating on Your Name, O my Beloved, disease is eradicated from my body. ||1||	ਅਤੇ, ਹੇ ਪ੍ਰੀਤਮ! ਸਦਾ ਤੇਰਾ ਨਾਮ ਜਪ ਜਪ ਕੇ ਉਹਨਾਂ ਦੇ ਸਰੀਰ ਵਿਚੋਂ ਸਾਰੇ ਰੋਗ ਨਾਸ ਹੋ ਜਾਂਦੇ ਹਨ ॥੧॥
35343	829	ਮਹਾ ਮੁਗਧ ਅਜਾਨ ਅਗਿਆਨੀ ਰਾਖੇ ਧਾਰਿ ਦਏ॥		Mehaa Mugadhh Ajaan Agiaanee Raakhae Dhhaar Dheae ||	Even utterly foolish, ignorant and thoughtless persons have been saved by the Kind Lord.	(ਹੇ ਪ੍ਰਭੂ! ਜੇਹੜੇ ਮਨੁੱਖ ਤੇਰੀ ਕਿਰਪਾ ਨਾਲ ਸੰਤ ਜਨਾਂ ਦੀ ਸ਼ਰਨੀ ਪੈਂਦੇ ਹਨ, ਉਹਨਾਂ) ਵੱਡੇ ਵੱਡੇ ਮੂਰਖਾਂ ਅੰਞਾਣਾਂ ਅਤੇ ਅਗਿਆਨੀਆਂ ਨੂੰ ਭੀ ਤੂੰ ਦਇਆ ਕਰ ਕੇ (ਵਿਕਾਰਾਂ ਰੋਗਾਂ ਤੋਂ) ਬਚਾ ਲੈਂਦਾ ਹੈਂ।
35344	829	ਕਹੁ ਨਾਨਕ ਗੁਰੁ ਪੂਰਾ ਭੇਟਿਓ ਆਵਨ ਜਾਨ ਰਹੇ॥੨॥੧॥੧੨੬॥		Kahu Naanak Gur Pooraa Bhaettiou Aavan Jaan Rehae ||2||1||126||	Says Nanak, I have met the Perfect Guru; my comings and goings have ended. ||2||1||126||	ਨਾਨਕ ਆਖਦਾ ਹੈ- (ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ) ਪੂਰਾ ਗੁਰੂ ਮਿਲ ਪੈਂਦਾ ਹੈ, (ਉਹਨਾਂ ਦੇ) ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ ॥੨॥੧॥੧੨੬॥
35345	829	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	

35346	829	ਜੀਵਉ ਨਾਮੁ ਸੁਨੀ॥		Jeevo Naam Sunee ||	Hearing Your Name, I live.	(ਹੇ ਭਾਈ! ਪਰਮਾਤਮਾ ਦਾ) ਨਾਮ ਸੁਣ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੋ ਜਾਂਦਾ ਹੈ,
35347	829	ਜਉ ਸੁਪ੍ਰਸੰਨ ਭਏ ਗੁਰ ਪੂਰੇ ਤਬ ਮੇਰੀ ਆਸ ਪੁਨੀ॥੧॥ਰਹਾਉ॥	ਸੁਪ੍ਰਸੰਨ	Jo Suprasann Bheae Gur Poorae Thab Maeree Aas Punee ||1|| Rehaao ||	When the Perfect Guru became pleased with me, then my hopes were fulfilled. ||1||Pause||	(ਪਰ ਪ੍ਰਭੂ ਦਾ ਨਾਮ ਸਿਮਰਨ ਦੀ) ਇਹ ਮੇਰੀ ਆਸ ਤਦੋਂ ਪੂਰੀ ਹੁੰਦੀ ਹੈ ਜਦੋਂ ਪੂਰਾ ਗੁਰੂ (ਮੇਰੇ ਉੱਤੇ) ਬਹੁਤ ਪ੍ਰਸੰਨ ਹੁੰਦਾ ਹੈ ॥੧॥ ਰਹਾਉ ॥
35348	829	ਪੀਰ ਗਈ ਬਾਧੀ ਮਨਿ ਧੀਰਾ ਮੋਹਿਓ ਅਨਦ ਧੁਨੀ॥		Peer Gee Baadhhee Man Dhheeraa Mohiou Anadh Dhhunee ||	Pain is gone, and my mind is comforted; the music of bliss fascinates me.	(ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਦੋਂ ਮੈਂ ਨਾਮ ਜਪਦਾ ਹਾਂ, ਮੇਰੇ ਅੰਦਰੋਂ) ਪੀੜ ਦੂਰ ਹੋ ਜਾਂਦੀ ਹੈ, ਮੇਰੇ ਵਿਚ ਹੌਸਲਾ ਬਣ ਜਾਂਦਾ ਹੈ, ਮੈਂ (ਆਪਣੇ ਅੰਦਰ ਪੈਦਾ ਹੋਏ) ਆਤਮਕ ਆਨੰਦ ਦੀ ਰੌ ਨਾਲ ਮਸਤ ਹੋ ਜਾਂਦਾ ਹਾਂ।
35349	829	ਉਪਜਿਓ ਚਾਉ ਮਿਲਨ ਪ੍ਰਭ ਪ੍ਰੀਤਮ ਰਹਨੁ ਨ ਜਾਇ ਖਿਨੀ॥੧॥		Oupajiou Chaao Milan Prabh Preetham Rehan N Jaae Khinee ||1||	The yearning to meet my Beloved God has welled up within me. I cannot live without Him, even for an instant. ||1||	ਮੇਰੇ ਅੰਦਰ ਪ੍ਰੀਤਮ ਪ੍ਰਭੂ ਨੂੰ ਮਿਲਣ ਦਾ ਚਾਉ ਪੈਦਾ ਹੋ ਜਾਂਦਾ ਹੈ, (ਉਹ ਚਾਉ ਇਤਨਾ ਤੀਬਰ ਹੋ ਜਾਂਦਾ ਹੈ ਕਿ ਪ੍ਰਭੂ ਦੇ ਮਿਲਾਪ ਤੋਂ ਬਿਨਾ) ਇਕ ਖਿਨ ਭੀ ਰਿਹਾ ਨਹੀਂ ਜਾ ਸਕਦਾ ॥੧॥

35350	830	ਅਨਿਕ ਭਗਤ ਅਨਿਕ ਜਨ ਤਾਰੇ ਸਿਮਰਹਿ ਅਨਿਕ ਮੁਨੀ॥		Anik Bhagath Anik Jan Thaarae Simarehi Anik Munee ||	You have saved so many devotees, so many humble servants; so many silent sages contemplate You.	ਹੇ ਪ੍ਰਭੂ! ਅਨੇਕਾਂ ਹੀ ਰਿਸ਼ੀ ਮੁਨੀ ਤੇਰਾ ਨਾਮ ਸਿਮਰਦੇ ਹਨ। (ਸਿਮਰਨ ਕਰਨ ਵਾਲੇ) ਅਨੇਕਾਂ ਹੀ ਭਗਤ ਅਨੇਕਾਂ ਹੀ ਸੇਵਕ, ਹੇ ਪ੍ਰਭੂ! ਤੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤੇ ਹਨ।
35351	830	ਅੰਧੁਲੇ ਟਿਕ ਨਿਰਧਨ ਧਨੁ ਪਾਇਓ ਪ੍ਰਭ ਨਾਨਕ ਅਨਿਕ ਗੁਨੀ॥੨॥੨॥੧੨੭॥		Andhhulae Ttik Niradhhan Dhhan Paaeiou Prabh Naanak Anik Gunee ||2||2||127||	The support of the blind, the wealth of the poor; Nanak has found God, of endless virtues. ||2||2||127||	ਹੇ ਨਾਨਕ! (ਆਖ-) ਹੇ ਅਨੇਕਾਂ ਗੁਣਾਂ ਦੇ ਮਾਲਕ ਪ੍ਰਭੂ! (ਤੇਰਾ ਨਾਮ) ਅੰਨ੍ਹੇ ਮਨੁੱਖ ਨੂੰ, ਮਾਨੋ, ਡੰਗੋਰੀ ਮਿਲ ਜਾਂਦੀ ਹੈ, ਕੰਗਾਲ ਨੂੰ ਧਨ ਮਿਲ ਜਾਂਦਾ ਹੈ ॥੨॥੨॥੧੨੭॥
35352	830	ਰਾਗੁ ਬਿਲਾਵਲੁ ਮਹਲਾ ੫ ਘਰੁ ੧੩ ਪੜਤਾਲ		Raag Bilaaval Mehalaa 5 Ghar 13 Parrathaala	Raag Bilaaval, Fifth Mehl, Thirteenth House, Partaal:	ਰਾਗ ਬਿਲਾਵਲੁ, ਘਰ ੧੩ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਪੜਤਾਲ'।
35353	830	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

35354	830	ਮੋਹਨ ਨੀਦ ਨ ਆਵੈ ਹਾਵੈ ਹਾਰ ਕਜਰ ਬਸਤ੍ਰ ਅਭਰਨ ਕੀਨੇ॥	(ਹਾਵੈ)ਹੌਕਿਆਂ। ਅ-ਭਰਨ ਚ।ਭੂਖਣ। ਕੱਜਰ	Mohan Needh N Aavai Haavai Haar Kajar Basathr Abharan Keenae ||	O Enticing Lord, I cannot sleep; I sigh. I am adorned with necklaces, gowns, ornaments and make-up.	ਹੇ ਮੋਹਨ-ਪ੍ਰਭੂ! (ਜਿਵੇਂ ਪਤੀ ਤੋਂ ਵਿਛੁੜੀ ਹੋਈ ਇਸਤ੍ਰੀ ਭਾਵੇਂ ਜੀਕਰ) ਹਾਰ, ਕੱਜਲ, ਕਪੜੇ, ਗਹਿਣੇ ਪਾਂਦੀ ਹੈ, (ਪਰ ਵਿਛੋੜੇ ਦੇ ਕਾਰਨ) ਹਾਹੁਕੇ ਵਿਚ (ਉਸ ਨੂੰ) ਨੀਂਦ ਨਹੀਂ ਆਉਂਦੀ,
35355	830	ਉਡੀਨੀ ਉਡੀਨੀ ਉਡੀਨੀ॥		Ouddeenee Ouddeenee Ouddeenee ||	I am sad, sad and depressed.	(ਪਤੀ ਦੀ ਉਡੀਕ ਵਿਚ ਉਹ) ਹਰ ਵੇਲੇ ਉਦਾਸ ਉਦਾਸ ਰਹਿੰਦੀ ਹੈ, (ਤੇ ਸਹੇਲੀ ਪਾਸੋਂ ਪੁੱਛਦੀ ਹੈ-)
35356	830	ਕਬ ਘਰਿ ਆਵੈ ਰੀ॥੧॥ਰਹਾਉ॥		Kab Ghar Aavai Ree ||1|| Rehaao ||	When will You come home? ||1||Pause||	ਹੇ ਭੈਣ! (ਮੇਰਾ ਪਤੀ) ਕਦੋਂ ਘਰ ਆਵੇਗਾ (ਇਸੇ ਤਰ੍ਹਾਂ, ਹੇ ਮੋਹਨ! ਤੈਥੋਂ ਵਿਛੁੜ ਕੇ ਮੈਨੂੰ ਸ਼ਾਂਤੀ ਨਹੀਂ ਆਉਂਦੀ) ॥੧॥ ਰਹਾਉ ॥
35357	830	ਸਰਨਿ ਸੁਹਾਗਨਿ ਚਰਨ ਸੀਸੁ ਧਰਿ॥		Saran Suhaagan Charan Sees Dhhar ||	I seek the Sanctuary of the happy soul-brides; I place my head upon their feet.	ਹੇ ਮੋਹਨ ਪ੍ਰਭੂ! ਮੈਂ ਗੁਰਮੁਖ ਸੁਹਾਗਣ ਦੀ ਸਰਨ ਪੈਂਦੀ ਹਾਂ, ਉਸ ਦੇ ਚਰਨਾਂ ਉਤੇ (ਆਪਣਾ) ਸਿਰ ਧਰ ਕੇ (ਪੁੱਛਦੀ ਹਾਂ-)
35358	830	ਲਾਲਨੁ ਮੋਹਿ ਮਿਲਾਵਹੁ॥		Laalan Mohi Milaavahu ||	Unite me with my Beloved.	ਹੇ ਭੈਣ! ਮੈਨੂੰ ਸੋਹਣਾ ਲਾਲ ਮਿਲਾ ਦੇ (ਦੱਸ, ਉਹ)
35359	830	ਕਬ ਘਰਿ ਆਵੈ ਰੀ॥੧॥		Kab Ghar Aavai Ree ||1||	When will He come to my home? ||1||	ਕਦੋਂ ਮੇਰੇ ਹਿਰਦੇ-ਘਰ ਵਿਚ ਆਵੇਗਾ ॥੧॥

35360	830	ਸੁਨਹੁ ਸਹੇਰੀ ਮਿਲਨ ਬਾਤ ਕਹਉ॥		Sunahu Sehaeree Milan Baath Keho	Listen, my companions: tell me how to meet Him. Eradicate all egotism,	(ਸੁਹਾਗਣ ਆਖਦੀ ਹੈ-) ਹੇ ਸਹੇਲੀਏ! ਸੁਣ, ਮੈਂ ਤੈਨੂੰ ਮੋਹਨ-ਪ੍ਰਭੂ ਦੇ ਮਿਲਣ ਦੀ ਗੱਲ ਸੁਣਾਂਦੀ ਹਾਂ।
35361	830	ਸਗਰੋ ਅਹੰ ਮਿਟਾਵਹੁ ਤਉ ਘਰ ਹੀ ਲਾਲਨੁ ਪਾਵਹੁ॥		Sagaro Ahan Mittaavahu Tho Ghar Hee Laalan Paavahu ||	And then you shall find your Beloved Lord within the home of your heart.	ਤੂੰ (ਆਪਣੇ ਅੰਦਰੋਂ) ਸਾਰਾ ਅਹੰਕਾਰ ਦੂਰ ਕਰ ਦੇ। ਤਦੋਂ ਤੂੰ ਆਪਣੇ ਹਿਰਦੇ-ਘਰ ਵਿਚ ਹੀ ਉਸ ਸੋਹਣੇ ਲਾਲ ਨੂੰ ਲੱਭ ਲਏਂਗੀ।
35362	830	ਤਬ ਰਸ ਮੰਗਲ ਗੁਨ ਗਾਵਹੁ॥		Thab Ras Mangal Gun Gaavahu ||	Then, in delight, you shall sing the songs of joy and praise.	(ਹਿਰਦੇ-ਘਰ ਵਿਚ ਉਸ ਦਾ ਦਰਸਨ ਕਰ ਕੇ) ਫਿਰ ਤੂੰ ਖ਼ੁਸ਼ੀ ਆਨੰਦ ਪੈਦਾ ਕਰਨ ਵਾਲੇ ਹਰਿ-ਗੁਣ ਗਾਇਆ ਕਰੀਂ,
35363	830	ਆਨਦ ਰੂਪ ਧਿਆਵਹੁ॥		Aanadh Roop Dhhiaavahu ||	Meditate on the Lord, the embodiment of bliss.	ਅਤੇ ਉਸ ਪ੍ਰਭੂ ਦਾ ਸਿਮਰਨ ਕਰਿਆ ਕਰੀਂ ਜੋ ਨਿਰਾ ਆਨੰਦ ਹੀ ਆਨੰਦ-ਰੂਪ ਹੈ।
35364	830	ਨਾਨਕੁ ਦੁਆਰੈ ਆਇਓ॥		Naanak Dhuaarai Aaeiou ||	O Nanak, I came to the Lord's Door,	ਹੇ ਭੈਣ! ਨਾਨਕ (ਭੀ ਉਸ ਗੁਰੂ ਦੇ) ਦਰ ਤੇ ਆ ਗਿਆ ਹੈ,
35365	830	ਤਉ ਮੈ ਲਾਲਨੁ ਪਾਇਓ ਰੀ॥੨॥		Tho Mai Laalan Paaeiou Ree ||2||	And then, I found my Beloved. ||2||	(ਗੁਰੂ ਦੇ ਦਰ ਤੇ ਆ ਕੇ) ਮੈਂ (ਨਾਨਕ ਨੇ ਹਿਰਦੇ-ਘਰ ਵਿਚ ਹੀ) ਸੋਹਣਾ ਲਾਲ ਲੱਭ ਲਿਆ ਹੈ ॥੨॥
35366	830	ਮੋਹਨ ਰੂਪੁ ਦਿਖਾਵੈ॥		Mohan Roop Dhikhaavai ||	The Enticing Lord has revealed His form to me,	ਹੇ ਭੈਣ! (ਹੁਣ) ਮੋਹਨ ਪ੍ਰਭੂ ਮੈਨੂੰ ਦਰਸਨ ਦੇ ਰਿਹਾ ਹੈ,

35367	830	ਅਬ ਮੋਹਿ ਨੀਦ ਸੁਹਾਵੈ॥		Ab Mohi Needh Suhaavai ||	And now, sleep seems sweet to me.	ਹੁਣ (ਮਾਇਆ ਦੇ ਮੋਹ ਵਲੋਂ ਪੈਦਾ ਹੋਈ) ਉਪਰਾਮਤਾ ਮੈਨੂੰ ਮਿੱਠੀ ਲੱਗ ਰਹੀ ਹੈ,
35368	830	ਸਭ ਮੇਰੀ ਤਿਖਾ ਬੁਝਾਨੀ॥	ਤਿਖਾ ਬੁਝਾਨੀ:ਪੋਲਾ ਬੋਲੋ	Sabh Maeree Thikhaa Bujhaanee ||	My thirst is totally quenched,	ਮੇਰੀ ਸਾਰੀ ਮਾਇਆ ਦੀ ਤ੍ਰਿਸ਼ਨਾ ਮਿਟ ਗਈ ਹੈ।
35369	830	ਅਬ ਮੈ ਸਹਜਿ ਸਮਾਨੀ॥		Ab Mai Sehaj Samaanee ||	And now, I am absorbed in celestial bliss.	ਹੁਣ ਮੈਂ ਆਤਮਕ ਅਡੋਲਤਾ ਵਿਚ ਟਿਕ ਗਈ ਹਾਂ।
35370	830	ਮੀਠੀ ਪਿਰਹਿ ਕਹਾਨੀ॥		Meethee Pirehi Kehaanee ||	How sweet is the story of my Husband Lord.	ਪ੍ਰਭੂ-ਪਤੀ ਦੀਆਂ ਸਿਫ਼ਤਿ-ਸਾਲਾਹ ਦੀਆਂ ਗੱਲਾਂ ਮੈਨੂੰ ਪਿਆਰੀਆਂ ਲੱਗ ਰਹੀਆਂ ਹਨ।
35371	830	ਮੋਹਨੁ ਲਾਲਨੁ ਪਾਇਓ ਰੀ॥ ਰਹਾਉ ਦੂਜਾ॥੧॥੧੨੮॥	(ਲਾਲਨੁ)ਪਿਆਰੇ	Mohan Laalan Paaeiou Ree || Rehaao Dhoojaa ||1||128||	I have found my Beloved, Enticing Lord. ||Second Pause||1||128||	ਹੇ ਭੈਣ! ਹੁਣ ਮੈਂ ਸੋਹਣਾ ਲਾਲ ਮੋਹਣ ਲੱਭ ਲਿਆ ਹੈ।ਰਹਾਉ ਦੂਜਾ ॥੧॥੧੨੮॥
35372	830	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35373	830	ਮੋਰੀ ਅਹੰ ਜਾਇ ਦਰਸਨ ਪਾਵਤ ਹੇ॥		Moree Ahan Jaae Dharasan Paavath Hae ||	My ego is gone; I have obtained the Blessed Vision of the Lord's Darshan.	ਹੇ ਭਾਈ! ਖਸਮ-ਪ੍ਰਭੂ ਦਾ ਦਰਸਨ ਕਰਨ ਨਾਲ ਮੇਰੀ ਹਉਮੈ ਦੂਰ ਹੋ ਗਈ ਹੈ।

35374	830	ਰਾਚਹੁ ਨਾਥ ਹੀ ਸਹਾਈ ਸੰਤਨਾ॥	(ਹੀ)ਨਿਸਚੇ ਕਰਕੇ	Raachahu Naathh Hee Sehaaee Santhanaa ||	I am absorbed in my Lord and Master, the help and support of the Saints.	ਹੇ ਭਾਈ! ਸੰਤਾਂ ਦੇ ਸਹਾਈ ਖਸਮ-ਪ੍ਰਭੂ ਦੇ ਚਰਨਾਂ ਵਿਚ ਸਦਾ ਜੁੜੇ ਰਹੋ।
35375	830	ਅਬ ਚਰਨ ਗਹੇ॥੧॥ਰਹਾਉ॥		Ab Charan Gehae ||1|| Rehaao ||	Now, I hold tight to His Feet. ||1||Pause||	ਮੈਂ ਤਾਂ ਹੁਣ ਉਸੇ ਦੇ ਹੀ ਚਰਨ ਫੜ ਲਏ ਹਨ ॥੧॥ ਰਹਾਉ ॥
35376	830	ਆਹੇ ਮਨ ਅਵਰੁ ਨ ਭਾਵੈ ਚਰਨਾਵੈ ਚਰਨਾਵੈ ਉਲਝਿਓ ਅਲਿ ਮਕਰੰਦ ਕਮਲ ਜਿਉ॥	(ਅਲਿ)ਭੌਰਾ। (ਮਕਰੰਦ)ਧੂੜੀ	Aahae Man Avar N Bhaavai Charanaavai Charanaavai Oulajhiou Al Makarandh Kamal Jio ||	My mind longs for Him, and does not love any other. I am totally absorbed, in love with His Lotus Feet, like the bumble bee attached to the honey of the lotus flower.	(ਹੇ ਭਾਈ! ਪ੍ਰਭੂ ਦੇ ਦਰਸਨ ਦੀ ਬਰਕਤ ਨਾਲ) ਮੇਰੇ ਮਨ ਨੂੰ ਹੋਰ ਕੁਝ ਭੀ ਚੰਗਾ ਨਹੀਂ ਲੱਗਦਾ, (ਪ੍ਰਭੂ ਦੇ ਦਰਸਨ ਨੂੰ ਹੀ) ਤਾਂਘਦਾ ਰਹਿੰਦਾ ਹੈ। ਜਿਵੇਂ ਭੌਰਾ ਕੌਲ-ਫੁੱਲ ਦੀ ਧੂੜੀ ਵਿਚ ਲਪਟਿਆ ਰਹਿੰਦਾ ਹੈ, ਤਿਵੇਂ ਮੇਰਾ ਮਨ ਪ੍ਰਭੂ ਦੇ ਚਰਨਾਂ ਵਲ ਹੀ ਮੁੜ ਮੁੜ ਪਰਤਦਾ ਹੈ।
35377	830	ਅਨ ਰਸ ਨਹੀ ਚਾਹੈ ਏਕੈ ਹਰਿ ਲਾਹੈ॥੧॥		An Ras Nehee Chaahai Eaekai Har Laahai ||1||	I do not desire any other taste; I seek only the One Lord. ||1||	ਮੇਰਾ ਮਨ ਹੋਰ (ਪਦਾਰਥਾਂ ਦੇ) ਸੁਆਦਾਂ ਨੂੰ ਨਹੀਂ ਲੋੜਦਾ, ਇਕ ਪਰਮਾਤਮਾ ਨੂੰ ਲੱਭਦਾ ਹੈ ॥੧॥
35378	830	ਅਨ ਤੇ ਟੂਟੀਐ ਰਿਖ ਤੇ ਛੂਟੀਐ॥		An Thae Ttootteeai Rikh Thae Shhootteeai ||	I have broken away from the others, and I have been released from the Messenger of Death.	(ਹੇ ਭਾਈ! ਪ੍ਰਭੂ ਦੇ ਦਰਸਨ ਦੀ ਬਰਕਤ ਨਾਲ) ਹੋਰ (ਪਦਾਰਥਾਂ ਦੇ ਮੋਹ) ਤੋਂ ਸੰਬੰਧ ਤੋੜ ਲਈਦਾ ਹੈ, ਇੰਦ੍ਰੀਆਂ ਦੇ ਪਕੜ ਤੋਂ ਖ਼ਲਾਸੀ ਪਾ ਲਈਦੀ ਹੈ।

35379	830	ਮਨ ਹਰਿ ਰਸ ਘੂਟੀਐ ਸੰਗਿ ਸਾਧੂ ਉਲਟੀਐ॥		Man Har Ras Ghootteeai Sang Saadhhoo Oulatteeai ||	O mind, drink in the subtle essence of the Lord; join the Saadh Sangat, the Company of the Holy, and turn away from the world.	ਹੇ ਮਨ! ਗੁਰੂ ਦੀ ਸੰਗਤਿ ਵਿਚ ਰਹਿ ਕੇ ਪਰਮਾਤਮਾ ਦਾ ਨਾਮ-ਰਸ ਚੁੰਘੀਦਾ ਹੈ, ਤੇ (ਮਾਇਆ ਦੇ ਮੋਹ ਵਲੋਂ ਬ੍ਰਿਤੀ) ਪਰਤ ਜਾਂਦੀ ਹੈ।
35380	830	ਅਨ ਨਾਹੀ ਨਾਹੀ ਰੇ॥		An Naahee Naahee Rae ||	There is no other, none other than the Lord.	ਹੇ ਭਾਈ! (ਦਰਸਨ ਦੀ ਬਰਕਤ ਨਾਲ) ਹੋਰ ਮੋਹ ਉੱਕਾ ਹੀ ਨਹੀਂ ਭਾਉਂਦਾ।
35381	830	ਨਾਨਕ ਪ੍ਰੀਤਿ ਚਰਨ ਚਰਨ ਹੇ॥੨॥੨॥੧੨੯॥		Naanak Preeth Charan Charan Hae ||2||2||129||	O Nanak, love the Feet, the Feet of the Lord. ||2||2||129||	ਹੇ ਨਾਨਕ! (ਆਖ-) ਹਰ ਵੇਲੇ ਪ੍ਰਭੂ ਦੇ ਚਰਨਾਂ ਨਾਲ ਹੀ ਪਿਆਰ ਬਣਿਆ ਰਹਿੰਦਾ ਹੈ ॥੨॥੨॥੧੨੯॥
35382	830	ਰਾਗੁ ਬਿਲਾਵਲੁ ਮਹਲਾ ੯ ਦੁਪਦੇ	ਨਾਵਾਂ, ਦੁ-ਪਦੇ	Raag Bilaaval Mehalaa 9 Dhupadhae	Raag Bilaaval, Ninth Mehl, Du-Padas:	ਰਾਗ ਬਿਲਾਵਲੁ ਵਿੱਚ ਗੁਰੂ ਤੇਗਬਹਾਦਰ ਜੀ ਦੀ ਦੋ-ਬੰਦਾਂ ਵਾਲੀ ਬਾਣੀ।
35383	830	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
35384	830	ਦੁਖ ਹਰਤਾ ਹਰਿ ਨਾਮੁ ਪਛਾਨੋ॥		Dhukh Harathaa Har Naam Pashhaano ||	The Name of the Lord is the Dispeller of sorrow - realize this.	ਹੇ ਭਾਈ! ਇਹ ਨਾਮ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ। ਆਪਣੇ ਹਿਰਦੇ ਵਿਚ ਉਸ ਹਰਿ-ਨਾਮ ਨਾਲ ਜਾਣ-ਪਛਾਣ ਬਣਾਈ ਰੱਖ,

35385	830	ਅਜਾਮਲੁ ਗਨਕਾ ਜਿਹ ਸਿਮਰਤ ਮੁਕਤਿ ਭਏ ਜੀਅ ਜਾਨੋ॥੧॥ਰਹਾਉ॥	ਅਜਾਮੱਲੁ	Ajaamal Ganikaa Jih Simarath Mukath Bheae Jeea Jaano ||1|| Rehaao ||	Remembering Him in meditation, even Ajaamal the robber and Ganikaa the prostitute were liberated; let your soul know this. ||1||Pause||	ਜਿਸ ਨਾਮ ਨੂੰ ਸਿਮਰਦਿਆਂ ਸਿਮਰਦਿਆਂ ਅਜਾਮਲ ਵਿਕਾਰਾਂ ਤੋਂ ਹਟ ਗਿਆ, ਗਨਿਕਾ ਵਿਕਾਰਾਂ ਤੋਂ ਮੁਕਤ ਹੋ ਗਈ। ਤੂੰ ਭੀ ਪਰਮਾਤਮਾ ਦੇ ਨਾਮ ਨਾਲ ਸਾਂਝ ਪਾਈ ਰੱਖ ॥੧॥ ਰਹਾਉ ॥
35386	830	ਗਜ ਕੀ ਤ੍ਰਾਸ ਮਿਟੀ ਛਿਨਹੂ ਮਹਿ ਜਬ ਹੀ ਰਾਮੁ ਬਖਾਨੋ॥	ਗਜ:ਪੋਲਾ ਬੋਲੋ	Gaj Kee Thraas Mittee Shhinehoo Mehi Jab Hee Raam Bakhaano ||	The elephant's fear was taken away in an instant, as soon as he chanted the Lord's Name.	ਹੇ ਭਾਈ! ਜਦੋਂ ਗਜ ਨੇ ਪਰਮਾਤਮਾ ਦਾ ਨਾਮ ਉਚਾਰਿਆ, ਉਸ ਦੀ ਬਿਪਤਾ ਭੀ ਇਕ ਛਿਨ ਵਿਚ ਹੀ ਦੂਰ ਹੋ ਗਈ।
35387	830	ਨਾਰਦ ਕਹਤ ਸੁਨਤ ਧ੍ਰੂਅ ਬਾਰਿਕ ਭਜਨ ਮਾਹਿ ਲਪਟਾਨੋ॥੧॥		Naaradh Kehath Sunath Dhhrooa Baarik Bhajan Maahi Lapattaano ||1||	Listening to Naarad's teachings, the child Dhroo was absorbed in deep meditation. ||1||	ਨਾਰਦ ਦਾ ਕੀਤਾ ਹੋਇਆ ਉਪਦੇਸ਼ ਸੁਣਦਿਆਂ ਬਾਲਕ ਧ੍ਰੂ ਪਰਮਾਤਮਾ ਦੇ ਭਜਨ ਵਿਚ ਮਸਤ ਹੋ ਗਿਆ ॥੧॥
35388	830	ਅਚਲ ਅਮਰ ਨਿਰਭੈ ਪਦੁ ਪਾਇਓ ਜਗਤ ਜਾਹਿ ਹੈਰਾਨੋ॥	ਅ-ਚੱਲ	Achal Amar Nirabhai Padh Paaeiou Jagath Jaahi Hairaano ||	He obtained the immovable, eternal state of fearlessness, and all the world was amazed.	(ਹਰਿ-ਨਾਮ ਦੇ ਭਜਨ ਦੀ ਬਰਕਤ ਨਾਲ ਧ੍ਰੂ ਨੇ) ਐਸਾ ਆਤਮਕ ਦਰਜਾ ਪ੍ਰਾਪਤ ਕਰ ਲਿਆ ਜੋ ਸਦਾ ਲਈ ਅਟੱਲ ਤੇ ਅਮਰ ਹੋ ਗਿਆ। ਉਸ ਨੂੰ ਵੇਖ ਕੇ ਦੁਨੀਆ ਹੈਰਾਨ ਹੋ ਰਹੀ ਹੈ।

35389	830	ਨਾਨਕ ਕਹਤ ਭਗਤ ਰਛਕ ਹਰਿ ਨਿਕਟਿ ਤਾਹਿ ਤੁਮ ਮਾਨੋ॥੨॥੧॥	ਰੱਛਕ	Naanak Kehath Bhagath Rashhak Har Nikatt Thaahi Thum Maano ||2||1||	Says Nanak, the Lord is the Saving Grace and the Protector of His devotees; believe it - He is close to you. ||2||1||	ਨਾਨਕ ਆਖਦਾ ਹੈ-ਹੇ ਭਾਈ! ਤੂੰ ਭੀ ਉਸ ਪਰਮਾਤਮਾ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਸਮਝ, ਉਹ ਪਰਮਾਤਮਾ ਆਪਣੇ ਭਗਤਾਂ ਦੀ ਰੱਖਿਆ ਕਰਨ ਵਾਲਾ ਹੈ ॥੨॥੧॥
35390	830	ਬਿਲਾਵਲੁ ਮਹਲਾ ੯॥		Bilaaval Mehalaa 9 ||	Bilaaval, Ninth Mehl:	
35391	830	ਹਰਿ ਕੇ ਨਾਮ ਬਿਨਾ ਦੁਖੁ ਪਾਵੈ॥		Har Kae Naam Binaa Dhukh Paavai ||	Without the Name of the Lord, you shall only find pain.	ਹੇ ਭਾਈ! ਪਰਮਾਤਮਾ ਦੇ ਨਾਮ (ਸਿਮਰਨ) ਤੋਂ ਬਿਨਾ ਮਨੁੱਖ ਦੁੱਖ ਸਹਾਰਦਾ ਰਹਿੰਦਾ ਹੈ।
35392	830	ਭਗਤਿ ਬਿਨਾ ਸਹਸਾ ਨਹ ਚੂਕੈ ਗੁਰ ਇਹ ਭੇਦੁ ਬਤਾਵੈ॥੧॥ਰਹਾਉ॥		Bhagath Binaa Sehasaa Neh Chookai Gur Eihu Bhaedh Bathaavai ||1|| Rehaao ||	Without devotional worship, doubt is not dispelled; the Guru has revealed this secret. ||1||Pause||	ਗੁਰੂ (ਜੀਵਨ-ਮਾਰਗ ਦੀ) ਇਹ ਡੂੰਘੀ ਗੱਲ ਦੱਸਦਾ ਹੈ, ਕਿ ਪਰਮਾਤਮਾ ਦੀ ਭਗਤੀ ਕਰਨ ਤੋਂ ਬਿਨਾ ਮਨੁੱਖ ਦਾ ਸਹਿਮ ਖ਼ਤਮ ਨਹੀਂ ਹੁੰਦਾ ॥੧॥ ਰਹਾਉ ॥
35393	830	ਕਹਾ ਭਇਓ ਤੀਰਥ ਬ੍ਰਤ ਕੀਏ ਰਾਮ ਸਰਨਿ ਨਹੀ ਆਵੈ॥		Kehaa Bhaeiou Theerathh Brath Keeeae Raam Saran Nehee Aavai ||	Of what use are sacred shrines of pilgrimage, if one does not enter the Sanctuary of the Lord?	ਹੇ ਭਾਈ! ਜੇ ਮਨੁੱਖ ਪਰਮਾਤਮਾ ਦੀ ਸਰਨ ਨਹੀਂ ਪੈਂਦਾ, ਤਾਂ ਉਸ ਦੇ ਤੀਰਥ-ਜਾਤ੍ਰਾ ਕਰਨ ਦਾ ਕੋਈ ਲਾਭ ਨਹੀਂ, ਵਰਤ ਰੱਖਣ ਦਾ ਕੋਈ ਫ਼ਾਇਦਾ ਨਹੀਂ।

35394	831	ਜੋਗ ਜਗ ਨਿਹਫਲ ਤਿਹ ਮਾਨਉ ਜੋ ਪ੍ਰਭ ਜਸੁ ਬਿਸਰਾਵੈ॥੧॥		Jog Jag Nihafal Thih Maano Jo Prabh Jas Bisaraavai ||1||	Know that Yoga and sacrificial feasts are fruitless, if one forgets the Praises of God. ||1||	ਜੇਹੜਾ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਭੁਲਾ ਦੇਂਦਾ ਹੈ, ਮੈਂ ਸਮਝਦਾ ਹਾਂ ਕਿ ਉਸ ਦੇ ਜੋਗ-ਸਾਧਨ ਅਤੇ ਜੱਗ (ਆਦਿਕ ਕਰਮ ਸਭ) ਵਿਅਰਥ ਹਨ ॥੧॥
35395	831	ਮਾਨ ਮੋਹ ਦੋਨੋ ਕਉ ਪਰਹਰਿ ਗੋਬਿੰਦ ਕੇ ਗੁਨ ਗਾਵੈ॥		Maan Moh Dhono Ko Parehar Gobindh Kae Gun Gaavai ||	One who lays aside both pride and attachment, sings the Glorious Praises of the Lord of the Universe.	ਜੇਹੜਾ ਮਨੁੱਖ ਅਹੰਕਾਰ ਅਤੇ ਮਾਇਆ ਦਾ ਮੋਹ ਛੱਡ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ,
35396	831	ਕਹੁ ਨਾਨਕ ਇਹ ਬਿਧਿ ਕੋ ਪ੍ਰਾਨੀ ਜੀਵਨ ਮੁਕਤਿ ਕਹਾਵੈ॥੨॥੨॥		Kahu Naanak Eih Bidhh Ko Praanee Jeevan Mukath Kehaavai ||2||2||	Says Nanak, the mortal who does this is said to be 'jivan mukta' - liberated while yet alive. ||2||2||	ਨਾਨਕ ਆਖਦਾ ਹੈ- ਜੇਹੜਾ ਮਨੁੱਖ ਇਸ ਕਿਸਮ ਦਾ ਜੀਵਨ ਬਿਤੀਤ ਕਰਨ ਵਾਲਾ ਹੈ, ਉਹ ਜੀਵਨ-ਮੁਕਤਿ ਅਖਵਾਂਦਾ ਹੈ (ਉਹ ਮਨੁੱਖ ਉਸ ਸ਼੍ਰੇਣੀ ਵਿਚੋਂ ਗਿਣਿਆ ਜਾਂਦਾ ਹੈ, ਜੇਹੜੇ ਇਸ ਜ਼ਿੰਦਗੀ ਵਿਚ ਵਿਕਾਰਾਂ ਦੀ ਪਕੜ ਤੋਂ ਬਚੇ ਰਹਿੰਦੇ ਹਨ) ॥੨॥੨॥
35397	831	ਬਿਲਾਵਲੁ ਮਹਲਾ ੯॥		Bilaaval Mehalaa 9 ||	Bilaaval, Ninth Mehl:	
35398	831	ਜਾ ਮੈ ਭਜਨੁ ਰਾਮ ਕੋ ਨਾਹੀ॥		Jaa Mai Bhajan Raam Ko Naahee ||	There is no meditation on the Lord within him.	ਹੇ ਭਾਈ! ਜਿਸ ਮਨੁੱਖ ਦੇ ਅੰਦਰ ਪਰਮਾਤਮਾ ਦੇ ਨਾਮ ਦਾ ਭਜਨ ਨਹੀਂ ਹੈ,

35399	831	ਤਿਹ ਨਰ ਜਨਮੁ ਅਕਾਰਥ ਖੋਇਆ ਯਹ ਰਾਖਹੁ ਮਨ ਮਾਹੀ॥੧॥ਰਹਾਉ॥	ਯਹ:ਯ ਤਾਲੂ ਤੋਂ ਬੋਲੋ	Thih Nar Janam Akaarathh Khoeiaa Yeh Raakhahu Man Maahee ||1|| Rehaao ||	That man wastes his life uselessly - keep this in mind. ||1||Pause||	ਇਹ ਗੱਲ ਪੱਕੀ ਚੇਤੇ ਰੱਖੋ ਕਿ ਉਸ ਮਨੁੱਖ ਨੇ ਆਪਣੀ ਜ਼ਿੰਦਗੀ ਵਿਅਰਥ ਹੀ ਗਵਾ ਲਈ ਹੈ ॥੧॥ ਰਹਾਉ ॥
35400	831	ਤੀਰਥ ਕਰੈ ਬ੍ਰਤ ਫੁਨਿ ਰਾਖੈ ਨਹ ਮਨੂਆ ਬਸਿ ਜਾ ਕੋ॥		Theerathh Karai Brath Fun Raakhai Neh Manooaa Bas Jaa Ko ||	He bathes at sacred shrines of pilgrimage, and adheres to fasts, but he has no control over his mind.	ਹੇ ਭਾਈ! ਜਿਸ ਮਨੁੱਖ ਦਾ ਮਨ ਆਪਣੇ ਵੱਸ ਵਿਚ ਨਹੀਂ ਹੈ, ਉਹ ਭਾਵੇਂ ਤੀਰਥਾਂ ਦੇ ਇਸ਼ਨਾਨ ਕਰਦਾ ਹੈ ਵਰਤ ਭੀ ਰੱਖਦਾ ਹੈ,
35401	831	ਨਿਹਫਲ ਧਰਮੁ ਤਾਹਿ ਤੁਮ ਮਾਨੋ ਸਾਚੁ ਕਹਤ ਮੈ ਯਾ ਕਉ॥੧॥	ਯਾ:ਤਾਲੂ ਤੋਂ ਬੋਲੋ	Nihafal Dhharam Thaahi Thum Maanahu Saach Kehath Mai Yaa Ko ||1||	Know that such religion is useless to him. I speak the Truth for his sake. ||1||	ਪਰ ਤੁਸੀ (ਇਹ ਤੀਰਥ ਵਰਤ ਆਦਿਕ ਵਾਲਾ) ਉਸ ਦਾ ਧਰਮ ਵਿਅਰਥ ਸਮਝੋ। ਮੈਂ ਅਜੇਹੇ ਮਨੁੱਖ ਨੂੰ ਭੀ ਇਹ ਸੱਚੀ ਗੱਲ ਆਖ ਦੇਂਦਾ ਹਾਂ ॥੧॥
35402	831	ਜੈਸੇ ਪਾਹਨੁ ਜਲ ਮਹਿ ਰਾਖਿਓ ਭੇਦੈ ਨਾਹਿ ਤਿਹਿ ਪਾਨੀ॥		Jaisae Paahan Jal Mehi Raakhiou Bhaedhai Naahi Thih Paanee ||	It's like a stone, kept immersed in water; still, the water does not penetrate it.	ਹੇ ਭਾਈ! ਜਿਵੇਂ ਪੱਥਰ ਪਾਣੀ ਵਿਚ ਰੱਖਿਆ ਹੋਇਆ ਹੋਵੇ, ਉਸ ਨੂੰ ਪਾਣੀ ਵਿੰਨ੍ਹ ਨਹੀਂ ਸਕਦਾ। (ਪਾਣੀ ਉਸ ਉਤੇ ਅਸਰ ਨਹੀਂ ਕਰ ਸਕਦਾ),

35403	831	ਤੈਸੇ ਹੀ ਤੁਮ ਤਾਹਿ ਪਛਾਨੋ ਭਗਤਿ ਹੀਨ ਜੋ ਪ੍ਰਾਨੀ ॥੨॥		Thaisae Hee Thum Thaahi Pashhaanahu Bhagath Heen Jo Praanee ||2||	So, understand it: that mortal being who lacks devotional worship is just like that. ||2||	ਇਹੋ ਜਿਹਾ ਹੀ ਤੁਸੀ ਉਸ ਮਨੁੱਖ ਨੂੰ ਸਮਝੋ ਜੋ ਪ੍ਰਭੂ ਦੀ ਭਗਤੀ ਤੋਂ ਵਾਂਜਿਆਂ ਰਹਿੰਦਾ ਹੈ ॥੨॥
35404	831	ਕਲ ਮੈ ਮੁਕਤਿ ਨਾਮ ਤੇ ਪਾਵਤ ਗੁਰ ਯਹ ਭੇਦੁ ਬਤਾਵੈ॥	ਯਹ:ਯ ਤਾਲੂ ਤੋਂ ਬੋਲੋ	Kal Mai Mukath Naam Thae Paavath Gur Yeh Bhaedh Bathaavai ||	In this Dark Age of Kali Yuga, liberation comes from the Naam. The Guru has revealed this secret.	ਹੇ ਭਾਈ! ਗੁਰੂ ਜ਼ਿੰਦਗੀ ਦਾ ਇਹ ਰਾਜ਼ ਦੱਸਦਾ ਹੈ ਕਿ ਮਨੁੱਖਾ ਜੀਵਨ ਵਿਚ ਇਨਸਾਨ ਪਰਮਾਤਮਾ ਦੇ ਨਾਮ ਦੀ ਰਾਹੀਂ ਹੀ ਵਿਕਾਰਾਂ ਤੋਂ ਖ਼ਲਾਸੀ ਪ੍ਰਾਪਤ ਕਰ ਸਕਦਾ ਹੈ।
35405	831	ਕਹੁ ਨਾਨਕ ਸੋਈ ਨਰੁ ਗਰੂਆ ਜੋ ਪ੍ਰਭ ਕੇ ਗੁਨ ਗਾਵੈ॥੩॥੩॥		Kahu Naanak Soee Nar Garooaa Jo Prabh Kae Gun Gaavai ||3||3||	Says Nanak, he alone is a great man, who sings the Praises of God. ||3||3||	ਨਾਨਕ ਆਖਦਾ ਹੈ- ਉਹੀ ਮਨੁੱਖ ਆਦਰ-ਜੋਗ ਹੈ ਜੇਹੜਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੩॥੩॥
35406	831	ਬਿਲਾਵਲੁ ਅਸਟਪਦੀਆ ਮਹਲਾ ੧ ਘਰੁ ੧੦	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Bilaaval Asattapadheeaa Mehalaa 1 Ghar 10	Bilaaval, Ashtapadees, First Mehl, Tenth House:	ਰਾਗ ਬਿਲਾਵਲੁ, ਘਰ ੧੦ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
35407	831	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

35408	831	ਨਿਕਟਿ ਵਸੈ ਦੇਖੈ ਸਭੁ ਸੋਈ॥		Nikatt Vasai Dhaekhai Sabh Soee ||	He dwells close at hand, and sees all,	ਪਰਮਾਤਮਾ (ਹਰੇਕ ਜੀਵ ਦੇ) ਨੇੜੇ ਵੱਸਦਾ ਹੈ, ਉਹ ਆਪ ਹੀ ਹਰੇਕ ਦੀ ਸੰਭਾਲ ਕਰਦਾ ਹੈ,
35409	831	ਗੁਰਮੁਖਿ ਵਿਰਲਾ ਬੂਝੈ ਕੋਈ॥	ਬੂੱਝੈ	Guramukh Viralaa Boojhai Koee ||	But how rare is the Gurmukh who understands this.	ਪਰ ਇਹ ਭੇਤ ਕੋਈ ਵਿਰਲਾ ਬੰਦਾ ਸਮਝਦਾ ਹੈ ਜੋ ਗੁਰੂ ਦੇ ਸਨਮੁਖ ਰਹਿ ਕੇ ਨਾਮ ਜਪਦਾ ਹੈ।
35410	831	ਵਿਣੁ ਭੈ ਪਇਐ ਭਗਤਿ ਨ ਹੋਈ॥		Vin Bhai Paeiai Bhagath N Hoee ||	Without the Fear of God, there is no devotional worship.	ਜਿਤਨਾ ਚਿਰ (ਇਹ) ਡਰ ਪੈਦਾ ਹੋਵੇ (ਕਿ ਉਹ ਹਰ ਵੇਲੇ ਨੇੜੇ ਵੇਖ ਰਿਹਾ ਹੈ) ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ।
35411	831	ਸਬਦਿ ਰਤੇ ਸਦਾ ਸੁਖੁ ਹੋਈ॥੧॥		Sabadh Rathae Sadhaa Sukh Hoee ||1||	Imbued with the Word of the Shabad, eternal peace is attained. ||1||	ਜੇਹੜੇ ਬੰਦੇ ਗੁਰੂ ਦੇ ਸ਼ਬਦ ਦੀ ਰਾਹੀਂ (ਨਾਮ-ਰੰਗ ਵਿਚ) ਰੰਗੇ ਜਾਂਦੇ ਹਨ ਉਹਨਾਂ ਨੂੰ ਸਦਾ ਆਤਮਕ ਆਨੰਦ ਮਿਲਦਾ ਹੈ ॥੧॥
35412	831	ਐਸਾ ਗਿਆਨੁ ਪਦਾਰਥੁ ਨਾਮੁ॥		Aisaa Giaan Padhaarathh Naam ||	Such is the spiritual wisdom, the treasure of the Naam;	ਪਰਮਾਤਮਾ ਦਾ ਨਾਮ ਇਕ ਅਜੇਹਾ (ਸ੍ਰੇਸ਼ਟ) ਪਦਾਰਥ ਹੈ ਜੋ ਪਰਮਾਤਮਾ ਨਾਲ ਡੂੰਘੀ ਸਾਂਝ ਪੈਦਾ ਕਰ ਦੇਂਦਾ ਹੈ।
35413	831	ਗੁਰਮੁਖਿ ਪਾਵਸਿ ਰਸਿ ਰਸਿ ਮਾਨੁ॥੧॥ਰਹਾਉ॥		Guramukh Paavas Ras Ras Maan ||1|| Rehaao ||	Obtaining it, the Gurmukhs enjoy the subtle essence of this nectar. ||1||Pause||	ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੋ ਕੇ (ਇਹ ਪਦਾਰਥ) ਹਾਸਲ ਕਰਦਾ ਹੈ, ਉਹ (ਇਸ ਦੇ) ਰਸ ਵਿਚ ਭਿੱਜ ਕੇ (ਲੋਕ ਪਰਲੋਕ ਵਿਚ) ਆਦਰ ਪਾਂਦਾ ਹੈ ॥੧॥ ਰਹਾਉ ॥

35414	831	ਗਿਆਨੁ ਗਿਆਨੁ ਕਥੈ ਸਭੁ ਕੋਈ॥		Giaan Giaan Kathhai Sabh Koee ||	Everyone talks about spiritual wisdom and spiritual knowledge.	(ਜ਼ਬਾਨੀ ਜ਼ਬਾਨੀ ਤਾਂ) ਹਰ ਕੋਈ ਆਖਦਾ ਹੈ (ਕਿ ਮੈਨੂੰ ਪਰਮਾਤਮਾ ਦਾ) ਗਿਆਨ (ਪ੍ਰਾਪਤ ਹੋ ਗਿਆ ਹੈ), ਗਿਆਨ (ਮਿਲ ਗਿਆ ਹੈ),
35415	831	ਕਥਿ ਕਥਿ ਬਾਦੁ ਕਰੇ ਦੁਖੁ ਹੋਈ॥		Kathh Kathh Baadh Karae Dhukh Hoee ||	Talking, talking, they argue, and suffer.	(ਜਿਉਂ ਜਿਉਂ ਗਿਆਨ ਗਿਆਨ) ਆਖ ਕੇ ਚਰਚਾ ਕਰਦਾ ਹੈ (ਉਸ ਚਰਚਾ ਵਿਚੋਂ) ਕਲੇਸ਼ ਹੀ ਪੈਦਾ ਹੁੰਦਾ ਹੈ।
35416	831	ਕਥਿ ਕਹਣੈ ਤੇ ਰਹੈ ਨ ਕੋਈ॥		Kathh Kehanai Thae Rehai N Koee ||	No one can stop talking and discussing it.	ਚਰਚਾ ਕਰ ਕੇ (ਅਜੇਹੀ ਆਦਤ ਪੈ ਜਾਂਦੀ ਹੈ ਕਿ) ਚਰਚਾ ਕਰਨ ਤੋਂ ਜੀਵ ਹਟਦਾ ਭੀ ਨਹੀਂ।
35417	831	ਬਿਨੁ ਰਸ ਰਾਤੇ ਮੁਕਤਿ ਨ ਹੋਈ॥੨॥		Bin Ras Raathae Mukath N Hoee ||2||	Without being imbued with the subtle essence, there is no liberation. ||2||	(ਪਰ ਚਰਚਾ ਤੋਂ ਕੋਈ ਆਤਮਕ ਆਨੰਦ ਨਹੀਂ ਮਿਲਦਾ, ਕਿਉਂਕਿ) ਪਰਮਾਤਮਾ ਦੇ ਨਾਮ-ਰਸ ਵਿਚ ਰੰਗੇ ਜਾਣ ਤੋਂ ਬਿਨਾ ਵਿਕਾਰਾਂ ਤੋਂ ਖ਼ਲਾਸੀ ਨਹੀਂ ਮਿਲਦੀ ॥੨॥
35418	831	ਗਿਆਨੁ ਧਿਆਨੁ ਸਭੁ ਗੁਰ ਤੇ ਹੋਈ॥		Giaan Dhhiaan Sabh Gur Thae Hoee ||	Spiritual wisdom and meditation all come from the Guru.	ਪਰਮਾਤਮਾ ਨਾਲ ਡੂੰਘੀ ਸਾਂਝ ਤੇ ਉਸ ਵਿਚ ਸੁਰਤ ਦਾ ਟਿਕਾਉ-ਇਹ ਸਭ ਕੁਝ ਗੁਰੂ ਤੋਂ ਹੀ ਮਿਲਦਾ ਹੈ।
35419	831	ਸਾਚੀ ਰਹਤ ਸਾਚਾ ਮਨਿ ਸੋਈ॥		Saachee Rehath Saachaa Man Soee ||	Through the lifestyle of Truth, the True Lord comes to dwell in the mind.	(ਜਿਸ ਨੂੰ ਮਿਲਦਾ ਹੈ ਉਸ ਦੀ) ਰਹਿਣੀ ਪਵਿਤ੍ਰ ਹੋ ਜਾਂਦੀ ਹੈ ਉਸ ਦੇ ਮਨ ਵਿਚ ਉਹ ਸਦਾ-ਥਿਰ ਪ੍ਰਭੂ ਵੱਸ ਪੈਂਦਾ ਹੈ।

35420	831	ਮਨਮੁਖ ਕਥਨੀ ਹੈ ਪਰੁ ਰਹਤ ਨ ਹੋਈ॥		Manamukh Kathhanee Hai Par Rehath N Hoee ||	The self-willed manmukh talks about it, but does not practice it.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੰਦਾ (ਗਿਆਨ ਦੀਆਂ ਨਿਰੀਆਂ) ਗੱਲਾਂ ਹੀ ਕਰਦਾ ਹੈ, ਪਰ ਉਸ ਦੀ ਰਹਿਣੀ (ਪਵਿਤ੍ਰ) ਨਹੀਂ ਹੁੰਦੀ।
35421	831	ਨਾਵਹੁ ਭੂਲੇ ਥਾਉ ਨ ਕੋਈ॥੩॥		Naavahu Bhoolae Thhaao N Koee ||3||	Forgetting the Name, he finds no place of rest. ||3||	ਪਰਮਾਤਮਾ ਦੇ ਨਾਮ ਤੋਂ ਖੁੰਝੇ ਹੋਏ ਨੂੰ (ਮਾਇਆ ਦੀ ਭਟਕਣ ਤੋਂ ਬਚਣ ਲਈ) ਕੋਈ ਆਸਰਾ ਨਹੀਂ ਮਿਲਦਾ ॥੩॥
35422	831	ਮਨੁ ਮਾਇਆ ਬੰਧਿਓ ਸਰ ਜਾਲਿ॥		Man Maaeiaa Bandhhiou Sar Jaal ||	Maya has caught the mind in the trap of the whirlpool.	ਮਾਇਆ ਨੇ (ਜੀਵਾਂ ਦੇ) ਮਨ ਨੂੰ (ਮੋਹ ਦੇ) ਤੀਰਾਂ ਦੇ ਜਾਲ ਵਿਚ ਬੰਨ੍ਹਿਆ ਹੋਇਆ ਹੈ।
35423	831	ਘਟਿ ਘਟਿ ਬਿਆਪਿ ਰਹਿਓ ਬਿਖੁ ਨਾਲਿ॥		Ghatt Ghatt Biaap Rehiou Bikh Naal ||	Each and every heart is trapped by this bait of poison and sin.	(ਭਾਵੇਂ ਪਰਮਾਤਮਾ) ਹਰੇਕ ਸਰੀਰ ਵਿਚ ਮੌਜੂਦ ਹੈ, ਪਰ (ਮਾਇਆ ਦੇ ਮੋਹ ਦਾ) ਜ਼ਹਿਰ ਭੀ ਹਰੇਕ ਦੇ ਅੰਦਰ ਹੀ ਹੈ,
35424	831	ਜੋ ਆਂਜੈ ਸੋ ਦੀਸੈ ਕਾਲਿ॥	(ਆਂਜੈ)ਆਇਆ। ਸੋ ਕਾਲਿ ਵੱਸ ਦਿਸ ਰਿਹਾ ਹੈ	Jo Aanjai So Dheesai Kaal ||	See that whoever has come, is subject to death.	(ਇਸ ਵਾਸਤੇ) ਜੋ ਭੀ (ਜਗਤ ਵਿਚ) ਜੰਮਦਾ ਹੈ ਉਹ ਆਤਮਕ ਮੌਤ ਦੇ ਵੱਸ ਵਿਚ ਦਿੱਸ ਰਿਹਾ ਹੈ।
35425	831	ਕਾਰਜੁ ਸੀਧੋ ਰਿਦੈ ਸਮ੍ਹਾਲਿ॥੪॥		Kaaraj Seedhho Ridhai Samhaal ||4||	Your affairs shall be adjusted, if you contemplate the Lord in your heart. ||4||	ਪਰਮਾਤਮਾ ਨੂੰ ਹਿਰਦੇ ਵਿਚ ਯਾਦ ਕਰਨ ਨਾਲ ਹੀ (ਮਨੁੱਖਾ ਜੀਵਨ ਵਿਚ) ਕਰਨ-ਜੋਗ ਕੰਮ ਸਿਰੇ ਚੜ੍ਹਦਾ ਹੈ ॥੪॥

35426	831	ਸੋ ਗਿਆਨੀ ਜਿਨਿ ਸਬਦਿ ਲਿਵ ਲਾਈ॥		So Giaanee Jin Sabadh Liv Laaee ||	He alone is a spiritual teacher, who lovingly focuses his consciousness on the Word of the Shabad.	ਉਹੀ ਮਨੁੱਖ ਗਿਆਨ-ਵਾਨ (ਅਖਵਾ ਸਕਦਾ) ਹੈ ਜਿਸ ਨੇ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ-ਚਰਨਾਂ ਵਿਚ ਸੁਰਤ ਜੋੜੀ ਹੈ।
35427	831	ਮਨਮੁਖਿ ਹਉਮੈ ਪਤਿ ਗਵਾਈ॥		Manamukh Houmai Path Gavaaee ||	The self-willed, egotistical manmukh loses his honor.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਹਉਮੈ ਦੇ ਅਧੀਨ ਰਹਿ ਕੇ ਆਪਣੀ ਇੱਜ਼ਤ ਗਵਾਂਦਾ ਹੈ।
35428	831	ਆਪੇ ਕਰਤੈ ਭਗਤਿ ਕਰਾਈ॥		Aapae Karathai Bhagath Karaaee ||	The Creator Lord Himself inspires us to His devotional worship.	(ਪਰ ਜੀਵ ਦੇ ਭੀ ਕੀਹ ਵੱਸ?) ਪਰਮਾਤਮਾ ਆਪ ਹੀ ਆਪਣੀ ਭਗਤੀ (ਜੀਵਾਂ ਪਾਸੋਂ) ਕਰਾਂਦਾ ਹੈ,
35429	831	ਗੁਰਮੁਖਿ ਆਪੇ ਦੇ ਵਡਿਆਈ॥੫॥		Guramukh Aapae Dhae Vaddiaaee ||5||	He Himself blesses the Gurmukh with glorious greatness. ||5||	ਆਪ ਹੀ (ਜੀਵ ਨੂੰ) ਗੁਰੂ ਦੇ ਸਨਮੁਖ ਕਰ ਕੇ ਵਡਿਆਈ ਦੇਂਦਾ ਹੈ ॥੫॥
35430	831	ਰੈਣਿ ਅੰਧਾਰੀ ਨਿਰਮਲ ਜੋਤਿ॥		Rain Andhhaaree Niramal Joth ||	The life-night is dark, while the Divine Light is immaculate.	(ਸਿਮਰਨ ਤੋਂ ਬਿਨਾ ਮਨੁੱਖ ਦੀ ਉਮਰ) ਇਕ ਹਨੇਰੀ ਰਾਤ ਹੈ, ਪਰਮਾਤਮਾ ਦੀ ਜੋਤਿ ਦੇ ਪਰਗਟ ਹੋਣ ਨਾਲ ਹੀ ਇਹ ਰੌਸ਼ਨ ਹੋ ਸਕਦੀ ਹੈ।
35431	831	ਨਾਮ ਬਿਨਾ ਝੂਠੇ ਕੁਚਲ ਕਛੋਤਿ॥	(ਕੁਚਲ)ਬਦਚਲਣ। (ਕਛੋਤਿ) ਮੁਰਦੇ ਵਾਂਗ ਛੋਹਣੇ ਯੋਗ ਨਹੀਂ। ਕੁਚ-ਲ	Naam Binaa Jhoothae Kuchal Kashhoth ||	Those who lack the Naam, the Name of the Lord, are false, filthy and untouchable.	ਨਾਮ ਤੋਂ ਵਾਂਜੇ ਹੋਏ ਬੰਦੇ ਝੂਠੇ ਹਨ ਗੰਦੇ ਹਨ ਤੇ ਭੈੜੀ ਛੂਤ ਵਾਲੇ ਹਨ, (ਭਾਵ, ਹੋਰਨਾਂ ਨੂੰ ਭੀ ਕੁਰਾਹੇ ਪਾ ਦੇਂਦੇ ਹਨ)।

35432	831	ਬੇਦੁ ਪੁਕਾਰੈ ਭਗਤਿ ਸਰੋਤਿ॥		Baedh Pukaarai Bhagath Saroth ||	The Vedas preach sermons of devotional worship.	ਵੇਦ ਆਦਿਕ ਹਰੇਕ ਧਰਮ-ਪੁਸਤਕ ਭਗਤੀ ਦੀ ਸਿੱਖਿਆ ਹੀ ਪੁਕਾਰ ਪੁਕਾਰ ਕੇ ਦੱਸਦਾ ਹੈ।
35433	831	ਸੁਣਿ ਸੁਣਿ ਮਾਨੈ ਵੇਖੈ ਜੋਤਿ॥੬॥		Sun Sun Maanai Vaekhai Joth ||6||	Listening, hearing and believing, one beholds the Divine Light. ||6||	ਜੋ ਜੋ ਜੀਵ ਇਸ ਸਿੱਖਿਆ ਨੂੰ ਸੁਣ ਸੁਣ ਕੇ ਸਰਧਾ ਲਿਆਉਂਦਾ ਹੈ ਉਹ ਰੱਬੀ ਜੋਤਿ ਨੂੰ (ਹਰ ਥਾਂ) ਵੇਖਦਾ ਹੈ ॥੬॥
35434	831	ਸਾਸਤ੍ਰ ਸਿਮ੍ਰਿਤਿ ਨਾਮੁ ਦ੍ਰਿੜਾਮੰ॥	ਸਿਮ-ਰ੍ਿਤਿ	Saasathr Simrith Naam Dhrirraaman ||	The Shaastras and Simritees implant the Naam within.	ਸਿਮ੍ਰਿਤੀਆਂ ਸ਼ਾਸਤ੍ਰ ਆਦਿਕ ਧਰਮ-ਪੁਸਤਕ ਭੀ ਨਾਮ ਸਿਮਰਨ ਦੀ ਤਾਕੀਦ ਕਰਦੇ ਹਨ।
35435	831	ਗੁਰਮੁਖਿ ਸਾਂਤਿ ਊਤਮ ਕਰਾਮੰ॥	(ਕਰਾਮੰ)ਕਰਮ ਧਰਮ	Guramukh Saanth Ootham Karaaman ||	The Gurmukh lives in peace and tranquility, doing deeds of sublime purity.	ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਸਿਮਰਦੇ ਹਨ ਉਹਨਾਂ ਦੇ ਅੰਦਰ ਸ਼ਾਂਤੀ ਪੈਦਾ ਹੁੰਦੀ ਹੈ, ਉਹਨਾਂ ਦੀ ਰਹਿਣੀ ਸ੍ਰੇਸ਼ਟ ਹੋ ਜਾਂਦੀ ਹੈ।
35436	831	ਮਨਮੁਖਿ ਜੋਨੀ ਦੂਖ ਸਹਾਮੰ॥		Manamukh Jonee Dhookh Sehaaman ||	The self-willed manmukh suffers the pains of reincarnation.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਜਨਮ ਮਰਨ ਦੇ ਦੁੱਖ ਸਹਾਰਦੇ ਹਨ।
35437	831	ਬੰਧਨ ਤੂਟੇ ਇਕੁ ਨਾਮੁ ਵਸਾਮੰ॥੭॥		Bandhhan Thoottae Eik Naam Vasaaman ||7||	His bonds are broken, enshrining the Name of the One Lord. ||7||	ਇਹ ਬੰਧਨ ਤਦੋਂ ਹੀ ਟੁੱਟਦੇ ਹਨ ਜੇ ਪਰਮਾਤਮਾ ਦੇ ਨਾਮ ਨੂੰ ਹਿਰਦੇ ਵਿਚ ਵਸਾਇਆ ਜਾਏ ॥੭॥

35438	831	ਮੰਨੇ ਨਾਮੁ ਸਚੀ ਪਤਿ ਪੂਜਾ॥	(ਪਤਿ)ਇਜ਼ਤ। ਸੱਚੀ। ਪਤਿ,ਪੂਜਾ:ਪੋਲੇ ਬੋਲੋ	Mannae Naam Sachee Path Poojaa ||	Believing in the Naam, one obtains true honor and adoration.	ਜੇਹੜਾ ਬੰਦਾ ਉਸ ਦੇ ਨਾਮ ਨੂੰ (ਆਪਣੇ ਹਿਰਦੇ ਵਿਚ) ਦ੍ਰਿੜ੍ਹ ਕਰਦਾ ਹੈ ਉਸ ਨੂੰ ਸੱਚੀ ਇੱਜ਼ਤ ਮਿਲਦੀ ਹੈ, ਉਸ ਦਾ ਆਦਰ ਹੁੰਦਾ ਹੈ।
35439	831	ਕਿਸੁ ਵੇਖਾ ਨਾਹੀ ਕੋ ਦੂਜਾ॥		Kis Vaekhaa Naahee Ko Dhoojaa ||	Who should I see? There is none other than the Lord.	ਮੈਂ ਹਰ ਥਾਂ ਉਸੇ ਨੂੰ ਵੇਖਦਾ ਹਾਂ, ਉਸ ਤੋਂ ਬਿਨਾ ਉਸ ਵਰਗਾ ਕੋਈ ਹੋਰ ਨਹੀਂ ਹੈ,
35440	831	ਦੇਖਿ ਕਹਉ ਭਾਵੈ ਮਨਿ ਸੋਇ॥		Dhaekh Keho Bhaavai Man Soe ||	I see, and I say, that He alone is pleasing to my mind.	ਉਸ ਨੂੰ (ਹਰ ਥਾਂ) ਵੇਖ ਕੇ ਮੈਂ ਉਸ ਦੀ ਸਿਫ਼ਤਿ-ਸਾਲਾਹ ਕਰਦਾ ਹਾਂ, ਉਹੀ ਮੈਨੂੰ ਆਪਣੇ ਮਨ ਵਿਚ ਪਿਆਰਾ ਲੱਗਦਾ ਹੈ,
35441	831	ਨਾਨਕੁ ਕਹੈ ਅਵਰੁ ਨਹੀ ਕੋਇ॥੮॥੧॥		Naanak Kehai Avar Nehee Koe ||8||1||	Says Nanak, there is no other at all. ||8||1||	ਨਾਨਕ ਆਖਦਾ ਹੈ-ਪਰਮਾਤਮਾ ਤੋਂ ਬਿਨਾ ਕੋਈ ਹੋਰ (ਉਸ ਵਰਗਾ) ਨਹੀਂ ਹੈ ॥੮॥੧॥
35442	832	ਬਿਲਾਵਲੁ ਮਹਲਾ ੧॥		Bilaaval Mehalaa 1 ||	Bilaaval, First Mehl:	
35443	832	ਮਨ ਕਾ ਕਹਿਆ ਮਨਸਾ ਕਰੈ॥	(ਮਨਸਾ)ਬੁੱਧੀ	Man Kaa Kehiaa Manasaa Karai ||	The human acts according to the wishes of the mind.	(ਪ੍ਰਭੂ-ਨਾਮ ਤੋਂ ਖੁੰਝੇ ਹੋਏ ਮਨੁੱਖ ਦੀ) ਬੁੱਧੀ (ਭੀ) ਮਨ ਦੇ ਕਹੇ ਵਿਚ ਤੁਰਦੀ ਹੈ,
35444	832	ਇਹੁ ਮਨੁ ਪੁੰਨੁ ਪਾਪੁ ਉਚਰੈ॥	ਉੱਚਰੈ:ਦੂਜੇ ਅਰਥ ਚ ਉ-ਚਰੈ।	Eihu Man Punn Paap Oucharai ||	This mind feeds on virtue and vice.	ਤੇ, ਇਹ ਮਨ ਨਿਰੀਆਂ ਇਹੀ ਗੱਲਾਂ ਸੋਚਦਾ ਹੈ ਕਿ (ਸ਼ਾਸਤ੍ਰਾਂ ਦੀ ਮਰਯਾਦਾ ਅਨੁਸਾਰ) ਪੁੰਨ ਕੀਹ ਹੈ ਤੇ ਪਾਪ ਕੀਹ ਹੈ।

35445	832	ਮਾਇਆ ਮਦਿ ਮਾਤੇ ਤ੍ਰਿਪਤਿ ਨ ਆਵੈ॥		Maaeiaa Madh Maathae Thripath N Aavai ||	Intoxicated with the wine of Maya, satisfaction never comes.	ਮਾਇਆ ਦੇ ਨਸ਼ੇ ਵਿਚ ਮਸਤ ਹੋਏ ਮਨੁੱਖ ਨੂੰ (ਮਾਇਆ ਵਲੋਂ) ਰਜੇਵਾਂ ਨਹੀਂ ਹੁੰਦਾ।
35446	832	ਤ੍ਰਿਪਤਿ ਮੁਕਤਿ ਮਨਿ ਸਾਚਾ ਭਾਵੈ॥੧॥		Thripath Mukath Man Saachaa Bhaavai ||1||	Satisfaction and liberation come, only to one whose mind is pleasing to the True Lord. ||1||	ਮਾਇਆ ਵਲੋਂ ਰਜੇਵਾਂ ਤੇ ਮਾਇਆ ਦੇ ਮੋਹ ਤੋਂ ਖ਼ਲਾਸੀ ਤਦੋਂ ਹੀ ਹੁੰਦੀ ਹੈ ਜਦੋਂ ਮਨੁੱਖ ਨੂੰ ਸਦਾ-ਥਿਰ ਰਹਿਣ ਵਾਲਾ ਪ੍ਰਭੂ ਮਨ ਵਿਚ ਪਿਆਰਾ ਲੱਗਣ ਲੱਗ ਪਏ ॥੧॥
35447	832	ਤਨੁ ਧਨੁ ਕਲਤੁ ਸਭੁ ਦੇਖੁ ਅਭਿਮਾਨਾ॥	ਕ-ਲੱਤੁ	Than Dhhan Kalath Sabh Dhaekh Abhimaanaa ||	Gazing upon his body, wealth, wife and all his possessions, he is proud.	ਹੇ ਅਭਿਮਾਨੀ ਜੀਵ! ਵੇਖ, ਇਹ ਸਰੀਰ, ਇਹ ਧਨ, ਇਹ ਇਸਤ੍ਰੀ-ਇਹ ਸਭ (ਸਦਾ ਨਾਲ ਨਿਭਣ ਵਾਲੇ ਨਹੀਂ ਹਨ)।
35448	832	ਬਿਨੁ ਨਾਵੈ ਕਿਛੁ ਸੰਗਿ ਨ ਜਾਨਾ॥੧॥ਰਹਾਉ॥		Bin Naavai Kishh Sang N Jaanaa ||1|| Rehaao ||	But without the Name of the Lord, nothing shall go along with him. ||1||Pause||	ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਚੀਜ਼ (ਜੀਵ ਦੇ) ਨਾਲ ਨਹੀਂ ਜਾਂਦੀ ॥੧॥ ਰਹਾਉ ॥
35449	832	ਕੀਚਹਿ ਰਸ ਭੋਗ ਖੁਸੀਆ ਮਨ ਕੇਰੀ॥		Keechehi Ras Bhog Khuseeaa Man Kaeree ||	He enjoys tastes, pleasures and joys in his mind.	ਮਾਇਕ ਰਸਾਂ ਦੇ ਭੋਗ ਕਰੀਦੇ ਹਨ, ਮਨ ਦੀਆਂ ਮੌਜਾਂ ਮਾਣੀਦੀਆਂ ਹਨ,

35450	832	ਧਨੁ ਲੋਕਾਂ ਤਨੁ ਭਸਮੈ ਢੇਰੀ॥		Dhhan Lokaan Than Bhasamai Dtaeree ||	But his wealth will pass on to other people, and his body will be reduced to ashes.	(ਪਰ ਮੌਤ ਆਉਣ ਤੇ) ਧਨ (ਹੋਰ) ਲੋਕਾਂ ਦਾ ਬਣ ਜਾਂਦਾ ਹੈ ਤੇ ਇਹ ਸਰੀਰ ਮਿੱਟੀ ਦੀ ਢੇਰੀ ਹੋ ਜਾਂਦਾ ਹੈ।
35451	832	ਖਾਕੂ ਖਾਕੁ ਰਲੈ ਸਭੁ ਫੈਲੁ॥		Khaakoo Khaak Ralai Sabh Fail ||	The entire expanse, like dust, shall mix with dust.	ਇਹ ਸਾਰਾ ਹੀ ਪਸਾਰਾ (ਅੰਤ) ਖ਼ਾਕ ਵਿਚ ਹੀ ਰਲ ਜਾਂਦਾ ਹੈ।
35452	832	ਬਿਨੁ ਸਬਦੈ ਨਹੀ ਉਤਰੈ ਮੈਲੁ॥੨॥		Bin Sabadhai Nehee Outharai Mail ||2||	Without the Word of the Shabad, his filth is not removed. ||2||	(ਮਨ ਉਤੇ ਵਿਸ਼ੇ ਵਿਕਾਰਾਂ ਦੀ ਮੈਲ ਇਕੱਠੀ ਹੁੰਦੀ ਜਾਂਦੀ ਹੈ, ਉਹ) ਮੈਲ ਗੁਰੂ ਦੇ ਸ਼ਬਦ ਤੋਂ ਬਿਨਾ ਨਹੀਂ ਲਹਿੰਦੀ ॥੨॥
35453	832	ਗੀਤ ਰਾਗ ਘਨ ਤਾਲ ਸਿ ਕੂਰੇ॥		Geeth Raag Ghan Thaal S Koorae ||	The various songs, tunes and rhythms are false.	(ਪ੍ਰਭੂ-ਨਾਮ ਤੋਂ ਖੁੰਝ ਕੇ) ਮਨੁੱਖ ਅਨੇਕਾਂ ਕਿਸਮਾਂ ਦੇ ਗੀਤ ਰਾਗ ਤੇ ਤਾਲ ਆਦਿਕਾਂ ਵਿਚ ਮਨ ਪਰਚਾਂਦਾ ਹੈ ਪਰ ਇਹ ਸਭ ਝੂਠੇ ਉੱਦਮ ਹਨ,
35454	832	ਤ੍ਰਿਹੁ ਗੁਣ ਉਪਜੈ ਬਿਨਸੈ ਦੂਰੇ॥		Thrihu Gun Oupajai Binasai Dhoorae ||	Trapped by the three qualities, people come and go, far from the Lord.	(ਕਿਉਂਕਿ ਨਾਮ ਤੋਂ ਬਿਨਾ ਜੀਵ) ਤਿੰਨਾਂ ਗੁਣਾਂ ਦੇ ਅਸਰ ਹੇਠ ਜੰਮਦਾ ਮਰਦਾ ਰਹਿੰਦਾ ਹੈ ਤੇ (ਪ੍ਰਭੂ-ਚਰਨਾਂ ਤੋਂ) ਵਿਛੁੜਿਆ ਰਹਿੰਦਾ ਹੈ।
35455	832	ਦੂਜੀ ਦੁਰਮਤਿ ਦਰਦੁ ਨ ਜਾਇ॥		Dhoojee Dhuramath Dharadh N Jaae ||	In duality, the pain of their evil-mindedness does not leave them.	(ਇਹਨਾਂ ਗੀਤਾਂ ਰਾਗਾਂ ਦੀ ਸਹਾਇਤਾ ਨਾਲ ਜੀਵ ਦੀ) ਹੋਰ ਝਾਕ ਤੇ ਭੈੜੀ ਮਤਿ ਦੂਰ ਨਹੀਂ ਹੁੰਦੀ, ਆਤਮਕ ਰੋਗ ਨਹੀਂ ਜਾਂਦਾ।

35456	832	ਛੂਟੈ ਗੁਰਮੁਖਿ ਦਾਰੂ ਗੁਣ ਗਾਇ॥੩॥		Shhoottai Guramukh Dhaaroo Gun Gaae ||3||	But the Gurmukh is emancipated by taking the medicine, and singing the Glorious Praises of the Lord. ||3||	(ਇਸ ਦੂਜੀ ਝਾਕ ਤੋਂ, ਦੁਰਮਤਿ ਤੋਂ, ਆਤਮਕ ਰੋਗ ਤੋਂ ਉਹ ਮਨੁੱਖ) ਖ਼ਲਾਸੀ ਪਾਂਦਾ ਹੈ ਜੋ ਗੁਰੂ ਦੇ ਸਨਮੁਖ ਹੋ ਕੇ ਪਰਮਾਤਮਾ ਦੇ ਗੁਣ ਗਾਂਦਾ ਹੈ (ਇਹ ਸਿਫ਼ਤਿ-ਸਾਲਾਹ ਹੀ ਇਹਨਾਂ ਰੋਗਾਂ ਦਾ) ਦਾਰੂ ਹੈ ॥੩॥
35457	832	ਧੋਤੀ ਊਜਲ ਤਿਲਕੁ ਗਲਿ ਮਾਲਾ॥		Dhhothee Oojal Thilak Gal Maalaa ||	He may wear a clean loin-cloth, apply the ceremonial mark to his forehead, and wear a mala around his neck;	ਜੇਹੜੇ ਮਨੁੱਖ ਚਿੱਟੀ ਧੋਤੀ ਪਹਿਨਦੇ ਹਨ (ਮੱਥੇ ਉਤੇ) ਤਿਲਕ ਲਾਂਦੇ ਹਨ, ਗਲ ਵਿਚ ਮਾਲਾ ਪਾਂਦੇ ਹਨ,
35458	832	ਅੰਤਰਿ ਕ੍ਰੋਧੁ ਪੜਹਿ ਨਟ ਸਾਲਾ॥	ਨਟ ਦੇ (ਸਾਲਾ)ਵੱਟੇ। ਪੜ੍ਹਹਿ	Anthar Krodhh Parrehi Naatt Saalaa ||	But if there is anger within him, he is merely reading his part, like an actor in a play.	ਤੇ (ਵੇਦ ਆਦਿਕਾਂ ਦੇ ਮੰਤ੍ਰ) ਪੜ੍ਹਦੇ ਹਨ ਪਰ ਉਹਨਾਂ ਦੇ ਅੰਦਰ ਕ੍ਰੋਧ ਪ੍ਰਬਲ ਹੈ ਉਹਨਾਂ ਦਾ ਉੱਦਮ ਇਉਂ ਹੀ ਹੈ ਜਿਵੇਂ ਕਿਸੇ ਨਾਟ-ਘਰ ਵਿਚ (ਨਾਟ-ਵਿੱਦਿਆ ਦੀ ਸਿਖਲਾਈ ਕਰ ਕਰਾ ਰਹੇ ਹਨ)।
35459	832	ਨਾਮੁ ਵਿਸਾਰਿ ਮਾਇਆ ਮਦੁ ਪੀਆ॥		Naam Visaar Maaeiaa Madh Peeaa ||	Forgetting the Naam, the Name of the Lord, he drinks in the wine of Maya.	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਭੁਲਾ ਕੇ ਮਾਇਆ (ਦੇ ਮੋਹ) ਦੀ ਸ਼ਰਾਬ ਪੀਤੀ ਹੋਈ ਹੋਵੇ, (ਉਹਨਾਂ ਨੂੰ ਸੁਖ ਨਹੀਂ ਹੋ ਸਕਦਾ)।

35460	832	ਬਿਨੁ ਗੁਰ ਭਗਤਿ ਨਾਹੀ ਸੁਖੁ ਥੀਆ॥੪॥		Bin Gur Bhagath Naahee Sukh Thheeaa ||4||	Without devotional worship to the Guru, there is no peace. ||4||	ਗੁਰੂ ਤੋਂ ਬਿਨਾ ਪ੍ਰਭੂ ਦੀ ਭਗਤੀ ਨਹੀਂ ਹੋ ਸਕਦੀ, ਤੇ ਭਗਤੀ ਤੋਂ ਬਿਨਾ ਆਤਮਕ ਆਨੰਦ ਨਹੀਂ ਮਿਲਦਾ ॥੪॥
35461	832	ਸੂਕਰ ਸੁਆਨ ਗਰਧਭ ਮੰਜਾਰਾ॥		Sookar Suaan Garadhhabh Manjaaraa ||	The human is a pig, a dog, a donkey, a cat,	ਉਹਨਾਂ ਮਨੁੱਖਾਂ ਨੂੰ ਸੂਰ, ਕੁੱਤੇ, ਖੋਤੇ, ਬਿੱਲੇ-
35462	832	ਪਸੂ ਮਲੇਛ ਨੀਚ ਚੰਡਾਲਾ॥		Pasoo Malaeshh Neech Chanddaalaa ||	A beast, a filthy, lowly wretch, an outcast,	ਪਸ਼ੂ, ਮਲੇਛ, ਨੀਚ, ਚੰਡਾਲ ਆਦਿਕਾਂ ਦੀਆਂ ਜੂਨਾਂ ਵਿਚ ਭਵਾਇਆ ਜਾਂਦਾ ਹੈ,
35463	832	ਗੁਰ ਤੇ ਮੁਹੁ ਫੇਰੇ ਤਿਨ੍ ਜੋਨਿ ਭਵਾਈਐ॥		Gur Thae Muhu Faerae Thinh Jon Bhavaaeeai ||	If he turns his face away from the Guru. He shall wander in reincarnation.	ਜਿਨ੍ਹਾਂ ਬੰਦਿਆਂ ਨੇ ਆਪਣਾ ਮੂੰਹ ਗੁਰੂ ਵਲੋਂ ਮੋੜਿਆ ਹੋਇਆ ਹੈ।
35464	832	ਬੰਧਨਿ ਬਾਧਿਆ ਆਈਐ ਜਾਈਐ॥੫॥		Bandhhan Baadhhiaa Aaeeai Jaaeeai ||5||	Bound in bondage, he comes and goes. ||5||	ਮਾਇਆ ਦੇ ਮੋਹ ਦੇ ਬੰਧਨ ਵਿਚ ਬੱਝਾ ਹੋਇਆ ਮਨੁੱਖ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ ॥੫॥
35465	832	ਗੁਰ ਸੇਵਾ ਤੇ ਲਹੈ ਪਦਾਰਥੁ॥		Gur Saevaa Thae Lehai Padhaarathh ||	Serving the Guru, the treasure is found.	ਗੁਰੂ ਦੀ ਦੱਸੀ ਸੇਵਾ ਦੀ ਰਾਹੀਂ ਹੀ ਮਨੁੱਖ ਨਾਮ-ਸਰਮਾਇਆ ਪ੍ਰਾਪਤ ਕਰਦਾ ਹੈ।
35466	832	ਹਿਰਦੈ ਨਾਮੁ ਸਦਾ ਕਿਰਤਾਰਥੁ॥		Hiradhai Naam Sadhaa Kirathaarathh ||	With the Naam in the heart, one always prospers.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਸਦਾ ਵੱਸਦਾ ਹੈ ਉਹ (ਜੀਵਨ-ਜਾਤ੍ਰਾ ਵਿਚ) ਸਫਲ ਹੋ ਗਿਆ ਹੈ।

35467	832	ਸਾਚੀ ਦਰਗਹ ਪੂਛ ਨ ਹੋਇ॥		Saachee Dharageh Pooshh N Hoe ||	And in the Court of the True Lord, you shall not called to account.	ਪਰਮਾਤਮਾ ਦੀ ਦਰਗਾਹ ਵਿਚ ਉਸ ਪਾਸੋਂ ਲੇਖਾ ਨਹੀਂ ਮੰਗਿਆ ਜਾਂਦਾ (ਕਿਉਂਕਿ ਉਸ ਦੇ ਜ਼ਿੰਮੇ ਕੋਈ ਬਾਕੀ ਨਹੀਂ ਨਿਕਲਦੀ)।
35468	832	ਮਾਨੈ ਹੁਕਮੁ ਸੀਝੈ ਦਰਿ ਸੋਇ॥੬॥		Maanae Hukam Seejhai Dhar Soe ||6||	One who obeys the Hukam of the Lord's Command, is approved at the Lord's Door. ||6||	ਜੇਹੜਾ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ (ਸਿਰ ਮੱਥੇ) ਮੰਨਦਾ ਹੈ ਉਹ ਪਰਮਾਤਮਾ ਦੇ ਦਰ ਤੇ ਕਾਮਯਾਬ ਹੋ ਜਾਂਦਾ ਹੈ ॥੬॥
35469	832	ਸਤਿਗੁਰੁ ਮਿਲੈ ਤ ਤਿਸ ਕਉ ਜਾਣੈ॥		Sathigur Milai Th This Ko Jaanai ||	Meeting the True Guru, one knows the Lord.	ਜਦੋਂ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਤਾਂ ਇਹ ਉਸ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ,
35470	832	ਰਹੈ ਰਜਾਈ ਹੁਕਮੁ ਪਛਾਣੈ॥		Rehai Rajaaee Hukam Pashhaanai ||	Understanding the Hukam of His Command, one acts according to His Will.	ਪਰਮਾਤਮਾ ਦੀ ਰਜ਼ਾ ਨੂੰ ਸਮਝਦਾ ਹੈ ਤੇ ਰਜ਼ਾ ਵਿਚ (ਰਾਜ਼ੀ) ਰਹਿੰਦਾ ਹੈ।
35471	832	ਹੁਕਮੁ ਪਛਾਣਿ ਸਚੈ ਦਰਿ ਵਾਸੁ॥		Hukam Pashhaan Sachai Dhar Vaas ||	Understanding the Hukam of His Command, he dwells in the Court of the True Lord.	ਸਦਾ-ਥਿਰ ਪ੍ਰਭੂ ਦੀ ਰਜ਼ਾ ਨੂੰ ਸਮਝ ਕੇ ਉਸ ਦੇ ਦਰ ਤੇ ਥਾਂ ਪ੍ਰਾਪਤ ਕਰ ਲੈਂਦਾ ਹੈ।
35472	832	ਕਾਲ ਬਿਕਾਲ ਸਬਦਿ ਭਏ ਨਾਸੁ॥੭॥		Kaal Bikaal Sabadh Bheae Naas ||7||	Through the Shabad, death and birth are ended. ||7||	ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦੇ ਜਨਮ ਮਰਨ (ਦੇ ਗੇੜ) ਮੁੱਕ ਜਾਂਦੇ ਹਨ ॥੭॥

35473	832	ਰਹੈ ਅਤੀਤੁ ਜਾਣੈ ਸਭੁ ਤਿਸ ਕਾ॥		Rehai Atheeth Jaanai Sabh This Kaa ||	He remains detached, knowing that everything belongs to God.	(ਸਿਮਰਨ ਦੀ ਬਰਕਤਿ ਨਾਲ) ਜੇਹੜਾ ਮਨੁੱਖ (ਅੰਤਰ ਆਤਮੇ ਮਾਇਆ ਦੇ ਮੋਹ ਵਲੋਂ) ਉਪਰਾਮ ਰਹਿੰਦਾ ਹੈ ਉਹ ਹਰੇਕ ਚੀਜ਼ ਨੂੰ ਪਰਮਾਤਮਾ ਦੀ (ਦਿੱਤੀ ਹੋਈ) ਹੀ ਸਮਝਦਾ ਹੈ।
35474	832	ਤਨੁ ਮਨੁ ਅਰਪੈ ਹੈ ਇਹੁ ਜਿਸ ਕਾ॥		Than Man Arapai Hai Eihu Jis Kaa ||	He dedicates his body and mind unto the One who owns them.	ਜਿਸ ਪਰਮਾਤਮਾ ਨੇ ਇਹ ਸਰੀਰ ਤੇ ਮਨ ਦਿੱਤਾ ਹੈ ਉਸ ਦੇ ਹਵਾਲੇ ਕਰਦਾ ਹੈ।
35475	832	ਨਾ ਓਹੁ ਆਵੈ ਨਾ ਓਹੁ ਜਾਇ॥		Naa Ouhu Aavai Naa Ouhu Jaae ||	He does not come, and he does not go.	ਉਹ ਮਨੁੱਖ ਜਨਮ ਮਰਨ ਦੇ ਗੇੜ ਵਿਚੋਂ ਬਚ ਜਾਂਦਾ ਹੈ।
35476	832	ਨਾਨਕ ਸਾਚੇ ਸਾਚਿ ਸਮਾਇ॥੮॥੨॥		Naanak Saachae Saach Samaae ||8||2||	O Nanak, absorbed in Truth, he merges in the True Lord. ||8||2||	ਹੇ ਨਾਨਕ! ਉਹ ਸਦਾ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿੰਦਾ ਹੈ ॥੮॥੨॥
35477	832	ਬਿਲਾਵਲੁ ਮਹਲਾ ੩ ਅਸਟਪਦੀ ਘਰੁ ੧੦	ਅਸਟਪਦੀ ਸ ਪੈਰ ਬਿੰਦੀ ਨ ਲਾਉ	Bilaaval Mehalaa 3 Asattapadhee Ghar 10	Bilaaval, Third Mehl, Ashtapadees, Tenth House:	ਰਾਗ ਬਿਲਾਵਲੁ, ਘਰ ੧੦ ਵਿੱਚ ਗੁਰੂ ਅਮਰਦਾਸ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
35478	832	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

35479	832	ਜਗੁ ਕਊਆ ਮੁਖਿ ਚੁੰਚ ਗਿਆਨੁ॥		Jag Kooaa Mukh Chunch Giaan ||	The world is like a crow; with its beak, it croaks spiritual wisdom.	ਹੇ ਭਾਈ! ਮਾਇਆ-ਵੇੜ੍ਹਿਆ ਮਨੁੱਖ ਕਾਂ (ਵਾਂਗ ਲੋਂ ਲੋਂ ਕਰਨ ਵਾਲਾ) ਹੈ, (ਨਿਰਾ) ਮੂੰਹੋਂ (ਹੀ) ਜ਼ਬਾਨੀ ਜ਼ਬਾਨੀ ਆਤਮਕ ਜੀਵਨ ਦੀ ਸੂਝ (ਦੱਸਦਾ ਰਹਿੰਦਾ ਹੈ, ਜਿਵੇਂ ਕਾਂ ਆਪਣੀ ਚੁੰਝ ਨਾਲ 'ਕਾਂ ਕਾਂ' ਕਰਦਾ ਹੈ)।
35480	832	ਅੰਤਰਿ ਲੋਭੁ ਝੂਠੁ ਅਭਿਮਾਨੁ॥		Anthar Lobh Jhooth Abhimaan ||	But deep within there is greed, falsehood and pride.	(ਪਰ ਉਸ ਚੁੰਚ-ਗਿਆਨੀ ਦੇ) ਮਨ ਵਿਚ ਲੋਭ (ਟਿਕਿਆ ਰਹਿੰਦਾ) ਹੈ, ਝੂਠ (ਟਿਕਿਆ ਰਹਿੰਦਾ) ਹੈ, ਅਹੰਕਾਰ (ਟਿਕਿਆ ਰਹਿੰਦਾ) ਹੈ।
35481	832	ਬਿਨੁ ਨਾਵੈ ਪਾਜੁ ਲਹਗੁ ਨਿਦਾਨਿ॥੧॥	(ਨਿਦਾਨਿ)ਅੰਤ ਨੂੰ	Bin Naavai Paaj Lehag Nidhaan ||1||	Without the Name of the Lord, your thin outer covering shall wear off, you fool. ||1||	ਹੇ ਭਾਈ! ਨਾਮ ਤੋਂ ਵਾਂਜੇ ਰਹਿ ਕੇ ਇਹ ਧਾਰਮਿਕ ਵਿਖਾਵਾ ਆਖ਼ਰ ਉੱਘੜ ਹੀ ਜਾਂਦਾ ਹੈ ॥੧॥
35482	832	ਸਤਿਗੁਰ ਸੇਵਿ ਨਾਮੁ ਵਸੈ ਮਨਿ ਚੀਤਿ॥		Sathigur Saev Naam Vasai Man Cheeth ||	Serving the True Guru, the Naam shall dwell in your conscious mind.	ਹੇ ਭਾਈ! ਗੁਰੂ ਦੀ ਸਰਨ ਪਿਆਂ (ਪਰਮਾਤਮਾ ਦਾ) ਨਾਮ (ਮਨੁੱਖ ਦੇ) ਮਨ ਵਿਚ ਚਿੱਤ ਵਿਚ ਆ ਵੱਸਦਾ ਹੈ।

35483	832	ਗੁਰੁ ਭੇਟੇ ਹਰਿ ਨਾਮੁ ਚੇਤਾਵੈ ਬਿਨੁ ਨਾਵੈ ਹੋਰ ਝੂਠੁ ਪਰੀਤਿ॥੧॥ਰਹਾਉ॥		Gur Bhaettae Har Naam Chaethaavai Bin Naavai Hor Jhooth Pareeth ||1|| Rehaao ||	Meeting with the Guru, the Name of the Lord comes to mind. Without the Name, other loves are false. ||1||Pause||	(ਜਿਸ ਮਨੁੱਖ ਨੂੰ) ਗੁਰੂ ਮਿਲ ਪੈਂਦਾ ਹੈ, ਉਸ ਨੂੰ (ਗੁਰੂ ਪਰਮਾਤਮਾ ਦਾ) ਨਾਮ ਜਪਾਂਦਾ ਹੈ। ਹੇ ਭਾਈ! (ਪਰਮਾਤਮਾ ਦੇ) ਨਾਮ (ਦੇ ਪਿਆਰ) ਤੋਂ ਬਿਨਾ ਹੋਰ ਪਿਆਰ ਝੂਠਾ ਹੈ ॥੧॥ ਰਹਾਉ ॥
35484	832	ਗੁਰਿ ਕਹਿਆ ਸਾ ਕਾਰ ਕਮਾਵਹੁ॥		Gur Kehiaa Saa Kaar Kamaavahu ||	So do that work, which the Guru tells you to do.	ਹੇ ਭਾਈ! ਉਹ ਕਾਰ ਕਰਿਆ ਕਰੋ ਜਿਹੜੀ ਗੁਰ ਨੇ ਦੱਸੀ ਹੈ (ਉਹ ਕਾਰ ਹੈ ਨਾਮ ਦਾ ਸਿਮਰਨ)।
35485	832	ਸਬਦੁ ਚੀਨ੍ਹਿ ਸਹਜ ਘਰਿ ਆਵਹੁ॥		Sabadh Cheenih Sehaj Ghar Aavahu ||	Contemplating the Word of the Shabad, you shall come to the home of celestial bliss.	ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਨਾਲ ਡੂੰਘੀ ਸਾਂਝ ਪਾ ਕੇ ਆਤਮਕ ਅਡੋਲਤਾ ਦੇ ਘਰ ਵਿਚ ਟਿਕਿਆ ਕਰੋ।
35486	832	ਸਾਚੈ ਨਾਇ ਵਡਾਈ ਪਾਵਹੁ॥੨॥		Saachai Naae Vaddaaee Paavahu ||2||	Through the True Name, you shall obtain glorious greatness. ||2||	ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜ ਕੇ (ਲੋਕ ਪਰਲੋਕ ਦੀ) ਵਡਿਆਈ ਹਾਸਲ ਕਰੋਗੇ ॥੨॥
35487	832	ਆਪਿ ਨ ਬੂਝੈ ਲੋਕ ਬੁਝਾਵੈ॥	ਬੂੱਝੈ।ਬੁੱਝਾਵੈ	Aap N Boojhai Lok Bujhaavai ||	One who does not understand his own self, but still tries to instruct others,	ਹੇ ਭਾਈ! (ਜਿਹੜਾ ਮਨੁੱਖ ਆਤਮਕ ਜੀਵਨ ਬਾਰੇ) ਆਪ (ਤਾਂ ਕੁਝ) ਸਮਝਦਾ ਨਹੀਂ, ਪਰ ਲੋਕਾਂ ਨੂੰ ਸਮਝਾਂਦਾ ਰਹਿੰਦਾ ਹੈ,

35488	832	ਮਨ ਕਾ ਅੰਧਾ ਅੰਧੁ ਕਮਾਵੈ॥		Man Kaa Andhhaa Andhh Kamaavai ||	Is mentally blind, and acts in blindness.	ਉਸ ਦਾ ਆਪਣਾ ਆਪਾ (ਆਤਮਕ ਜੀਵਨ ਵਲੋਂ) ਬਿਲਕੁਲ ਕੋਰਾ ਹੈ (ਅੰਨ੍ਹਾ ਹੈ, ਇਸ ਵਾਸਤੇ ਆਤਮਕ ਜੀਵਨ ਦੇ ਰਸਤੇ ਵਿਚ ਉਹ ਅੰਨ੍ਹਿਆਂ ਵਾਂਗ ਠੇਡੇ ਖਾਂਦਾ ਰਹਿੰਦਾ ਹੈ) ਅੰਨ੍ਹਿਆਂ ਵਾਲਾ ਕੰਮ ਕਰਦਾ ਰਹਿੰਦਾ ਹੈ।
35489	832	ਦਰੁ ਘਰੁ ਮਹਲੁ ਠਉਰੁ ਕੈਸੇ ਪਾਵੈ॥੩॥		Dhar Ghar Mehal Thour Kaisae Paavai ||3||	How can he ever find a home and a place of rest, in the Mansion of the Lord's Presence? ||3||	ਹੇ ਭਾਈ! ਅਜਿਹਾ ਮਨੁੱਖ ਪਰਮਾਤਮਾ ਦਾ ਦਰ ਘਰ, ਪਰਮਾਤਮਾ ਦਾ ਮਹਲ, ਪਰਮਾਤਮਾ ਦਾ ਟਿਕਾਣਾ ਬਿਲਕੁਲ ਨਹੀਂ ਲੱਭ ਸਕਦਾ ॥੩॥
35490	832	ਹਰਿ ਜੀਉ ਸੇਵੀਐ ਅੰਤਰਜਾਮੀ॥		Har Jeeo Saeveeai Antharajaamee ||	Serve the Dear Lord, the Inner-knower, the Searcher of hearts;	ਹੇ ਭਾਈ! ਉਸ ਪਰਮਾਤਮਾ ਦੀ ਸੇਵਾ-ਭਗਤੀ ਕਰਨੀ ਚਾਹੀਦੀ ਹੈ,
35491	832	ਘਟ ਘਟ ਅੰਤਰਿ ਜਿਸ ਕੀ ਜੋਤਿ ਸਮਾਨੀ॥		Ghatt Ghatt Anthar Jis Kee Joth Samaanee ||	Deep within each and every heart, His Light is shining forth.	ਜਿਸ ਪਰਮਾਤਮਾ ਦੀ ਜੋਤਿ ਹਰੇਕ ਸਰੀਰ ਵਿਚ ਮੌਜੂਦ ਹੈ, ਜੋ ਸਭ ਦੇ ਦਿਲ ਦੀ ਜਾਣਨ ਵਾਲਾ ਹੈ।
35492	832	ਤਿਸੁ ਨਾਲਿ ਕਿਆ ਚਲੈ ਪਹਨਾਮੀ॥੪॥	ਚੱਲੈ	This Naal Kiaa Chalai Pehanaamee ||4||	How can anyone hide anything from Him? ||4||	ਉਸ ਨਾਲ ਕੋਈ ਲੁਕਾ-ਛਿਪਾ ਨਹੀਂ ਚੱਲ ਸਕਦਾ ॥੪॥

35493	833	ਸਾਚਾ ਨਾਮੁ ਸਾਚੈ ਸਬਦਿ ਜਾਨੈ॥		Saachaa Naam Saachai Sabadh Jaanai ||	The True Name is known through the True Word of the Shabad.	ਹੇ ਭਾਈ! ਜਿਹੜਾ ਮਨੁੱਖ ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ ਦੇ ਸ਼ਬਦ ਦੀ ਰਾਹੀਂ ਸਦਾ-ਥਿਰ ਹਰਿ-ਨਾਮ ਨਾਲ ਡੂੰਘੀ ਸਾਂਝ ਪਾਂਦਾ ਹੈ,
35494	833	ਆਪੈ ਆਪੁ ਮਿਲੈ ਚੂਕੈ ਅਭਿਮਾਨੈ॥		Aapai Aap Milai Chookai Abhimaanai ||	The Lord Himself meets that one who eradicates egotistical pride.	ਉਸ ਦਾ ਆਪਣਾ-ਆਪ ਪਰਮਾਤਮਾ ਦੇ ਆਪੇ ਵਿਚ ਮਿਲ ਜਾਂਦਾ ਹੈ, (ਉਸ ਦੇ ਅੰਦਰੋਂ) ਅਹੰਕਾਰ ਮੁੱਕ ਜਾਂਦਾ ਹੈ।
35495	833	ਗੁਰਮੁਖਿ ਨਾਮੁ ਸਦਾ ਸਦਾ ਵਖਾਨੈ॥੫॥		Guramukh Naam Sadhaa Sadhaa Vakhaanai ||5||	The Gurmukh chants the Naam, forever and ever. ||5||	ਉਹ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਦਾ ਹੀ ਜਪਦਾ ਰਹਿੰਦਾ ਹੈ ॥੫॥
35496	833	ਸਤਿਗੁਰਿ ਸੇਵਿਐ ਦੂਜੀ ਦੁਰਮਤਿ ਜਾਈ॥		Sathigur Saeviai Dhoojee Dhuramath Jaaee ||	Serving the True Guru, duality and evil-mindedness are taken away.	ਹੇ ਭਾਈ! ਜੇ ਗੁਰੂ ਦੀ ਸਰਨ ਪਏ ਰਹੀਏ, ਤਾਂ (ਅੰਦਰੋਂ) ਮਾਇਆ ਦੇ ਮੋਹ ਵਾਲੀ ਖੋਟੀ ਮਤਿ ਦੂਰ ਹੋ ਜਾਂਦੀ ਹੈ।
35497	833	ਅਉਗਣ ਕਾਟਿ ਪਾਪਾ ਮਤਿ ਖਾਈ॥		Aougan Kaatt Paapaa Math Khaaee ||	Guilty mistakes are erased, and the sinful intellect is cleansed.	(ਅੰਦਰੋਂ) ਸਾਰੇ ਔਗੁਣ ਕੱਟੇ ਜਾਂਦੇ ਹਨ, ਪਾਪਾਂ ਵਾਲੀ ਮਤਿ ਮੁੱਕ ਜਾਂਦੀ ਹੈ।
35498	833	ਕੰਚਨ ਕਾਇਆ ਜੋਤੀ ਜੋਤਿ ਸਮਾਈ॥੬॥		Kanchan Kaaeiaa Jothee Joth Samaaee ||6||	One's body sparkles like gold, and one's light merges into the Light. ||6||	(ਵਿਕਾਰਾਂ ਤੋਂ ਬਚੇ ਰਹਿਣ ਦੇ ਕਾਰਨ) ਸਰੀਰ ਸੋਨੇ ਵਰਗਾ ਸੁੱਧ ਰਹਿੰਦਾ ਹੈ, (ਮਨੁੱਖ ਦੀ) ਜਿੰਦ ਪਰਮਾਤਮਾ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ ॥੬॥

35499	833	ਸਤਿਗੁਰਿ ਮਿਲਿਐ ਵਡੀ ਵਡਿਆਈ॥		Sathigur Miliai Vaddee Vaddiaaee ||	Meeting with the True Guru, one is blessed with glorious greatness.	ਹੇ ਭਾਈ! ਜੇ ਗੁਰੂ ਮਿਲ ਪਏ, ਤਾਂ (ਲੋਕ ਪਰਲੋਕ ਵਿਚ) ਬੜੀ ਵਡਿਆਈ ਮਿਲਦੀ ਹੈ।
35500	833	ਦੁਖੁ ਕਾਟੈ ਹਿਰਦੈ ਨਾਮੁ ਵਸਾਈ॥		Dhukh Kaattai Hiradhai Naam Vasaaee ||	Pain is taken away, and the Naam comes to dwell within the heart.	(ਗੁਰੂ ਮਨੁੱਖ ਦਾ) ਹਰੇਕ ਦੁੱਖ ਕੱਟ ਦੇਂਦਾ ਹੈ, (ਮਨੁੱਖ ਦੇ) ਹਿਰਦੇ ਵਿਚ (ਪਰਮਾਤਮਾ ਦਾ) ਨਾਮ ਵਸਾ ਦੇਂਦਾ ਹੈ।
35501	833	ਨਾਮਿ ਰਤੇ ਸਦਾ ਸੁਖੁ ਪਾਈ॥੭॥		Naam Rathae Sadhaa Sukh Paaee ||7||	Imbued with the Naam, one finds eternal peace. ||7||	(ਪਰਮਾਤਮਾ ਦੇ) ਨਾਮ ਵਿਚ ਰੰਗੀਜ ਕੇ (ਮਨੁੱਖ) ਸਦਾ ਆਤਮਕ ਆਨੰਦ ਮਾਣਦਾ ਰਹਿੰਦਾ ਹੈ ॥੭॥
35502	833	ਗੁਰਮਤਿ ਮਾਨਿਆ ਕਰਣੀ ਸਾਰੁ॥		Guramath Maaniaa Karanee Saar ||	Obeying the Gur's instructions, one's actions are purified.	ਹੇ ਭਾਈ! ਗੁਰੂ ਦੀ ਸਿੱਖਿਆ ਵਿਚ ਪਤੀਜਿਆਂ (ਮਨੁੱਖ ਦਾ) ਆਚਰਨ ਚੰਗਾ ਬਣ ਜਾਂਦਾ ਹੈ।
35503	833	ਗੁਰਮਤਿ ਮਾਨਿਆ ਮੋਖ ਦੁਆਰੁ॥		Guramath Maaniaa Mokh Dhuaar ||	Obeying the Guru's Instructions, one finds the state of salvation.	ਗੁਰੂ ਦੀ ਮਤਿ ਵਿਚ ਮਨ ਮੰਨਿਆਂ ਵਿਕਾਰਾਂ ਵਲੋਂ ਖ਼ਲਾਸੀ ਪਾਣ ਵਾਲਾ ਰਸਤਾ ਲੱਭ ਪੈਂਦਾ ਹੈ।
35504	833	ਨਾਨਕ ਗੁਰਮਤਿ ਮਾਨਿਆ ਪਰਵਾਰੈ ਸਾਧਾਰੁ॥੮॥੧॥੩॥		Naanak Guramath Maaniaa Paravaarai Saadhhaar ||8||1||3||	O Nanak, those who follow the Guru's Teachings are saved, along with their families. ||8||1||3||	ਹੇ ਨਾਨਕ! ਗੁਰੂ ਦੀ ਸਿੱਖਿਆ ਵਿਚ ਪਤੀਜਿਆਂ (ਮਨੁੱਖ) ਆਪਣੇ ਸਾਰੇ ਪਰਵਾਰ ਨੂੰ ਭੀ (ਹਰਿ-ਨਾਮ ਦਾ) ਆਸਰਾ ਦੇਣ-ਜੋਗਾ ਹੋ ਜਾਂਦਾ ਹੈ ॥੮॥੧॥੩॥

35505	833	ਬਿਲਾਵਲੁ ਮਹਲਾ ੪ ਅਸਟਪਦੀਆ ਘਰੁ ੧੧	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Bilaaval Mehalaa 4 Asattapadheeaa Ghar 11	Bilaaval, Fourth Mehl, Ashtapadees, Eleventh House:	ਰਾਗ ਬਿਲਾਵਲੁ, ਘਰ ੧੧ ਵਿੱਚ ਗੁਰੂ ਰਾਮਦਾਸ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
35506	833	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
35507	833	ਆਪੈ ਆਪੁ ਖਾਇ ਹਉ ਮੇਟੈ ਅਨ ਦਿਨੁ ਹਰਿ ਰਸ ਗੀਤ ਗਵਈਆ॥	ਗ-ਵਈਆ	Aapai Aap Khaae Ho Maettai Anadhin Har Ras Geeth Gaveeaa ||	One who eliminates his self-centeredness, and eradicates his ego, night and day sings the songs of the Lord's Love.	ਹੇ ਭਾਈ! ਜਿਹੜਾ ਮਨੁੱਖ ਹਰ ਵੇਲੇ ਹਰਿ-ਨਾਮ ਰਸ ਦੇ ਗੀਤ ਗਾਂਦਾ ਰਹਿੰਦਾ ਹੈ, ਉਹ ਮਨੁੱਖ (ਪਰਮਾਤਮਾ ਦੇ) ਆਪੇ ਵਿਚ ਆਪਣਾ ਆਪ ਲੀਨ ਕਰ ਕੇ (ਆਪਣੇ ਅੰਦਰੋਂ) ਹਉਮੈ ਮਿਟਾ ਲੈਂਦਾ ਹੈ।
35508	833	ਗੁਰਮੁਖਿ ਪਰਚੈ ਕੰਚਨ ਕਾਇਆ ਨਿਰਭਉ ਜੋਤੀ ਜੋਤਿ ਮਿਲਈਆ॥੧॥	ਮਿ-ਲਈਆ	Guramukh Parachai Kanchan Kaaeiaa Nirabho Jothee Joth Mileeaa ||1||	The Gurmukh is inspired, his body is golden, and his light merges into the Light of the Fearless Lord. ||1||	ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਹਰਿ-ਨਾਮ ਵਿਚ) ਪਰਚਿਆ ਰਹਿੰਦਾ ਹੈ, (ਵਿਕਾਰਾਂ ਤੋਂ ਬਚੇ ਰਹਿਣ ਕਰਕੇ) ਉਸ ਦਾ ਸਰੀਰ ਸੋਨੇ ਵਰਗਾ ਸੁੱਧ ਹੋ ਜਾਂਦਾ ਹੈ। ਉਸ ਦੀ ਜਿੰਦ ਨਿਰਭਉ ਪ੍ਰਭੂ ਦੀ ਜੋਤਿ ਵਿਚ ਲੀਨ ਰਹਿੰਦੀ ਹੈ ॥੧॥
35509	833	ਮੈ ਹਰਿ ਹਰਿ ਨਾਮੁ ਅਧਾਰੁ ਰਮਈਆ॥	ਰ-ਮਈਆ	Mai Har Har Naam Adhhaar Rameeaa ||	I take the Support of the Name of the Lord, Har, Har.	ਹੇ ਭਾਈ! ਸੋਹਣੇ ਰਾਮ ਦਾ ਹਰਿ-ਨਾਮ ਮੇਰੇ ਵਾਸਤੇ (ਮੇਰੀ ਜ਼ਿੰਦਗੀ ਦਾ) ਆਸਰਾ (ਬਣ ਗਿਆ) ਹੈ।

35510	833	ਖਿਨੁ ਪਲੁ ਰਹਿ ਨ ਸਕਉ ਬਿਨੁ ਨਾਵੈ ਗੁਰਮੁਖਿ ਹਰਿ ਹਰਿ ਪਾਠ ਪੜਈਆ॥੧॥ਰਹਾਉ॥	ਪ-ੜ੍ਹਈਆ	Khin Pal Rehi N Sako Bin Naavai Guramukh Har Har Paath Parreeaa ||1|| Rehaao ||	I cannot live, for a moment, even for an instant, without the Name of the Lord; the Gurmukh reads the Sermon of the Lord, Har, Har. ||1||Pause||	(ਹੁਣ) ਮੈਂ ਉਸ ਦੇ ਨਾਮ ਤੋਂ ਬਿਨਾ ਇਕ ਖਿਨ ਇਕ ਪਲ ਭੀ ਨਹੀਂ ਰਹਿ ਸਕਦਾ। ਗੁਰੂ ਦੀ ਸਰਨ ਪੈ ਕੇ (ਮੈਂ ਤਾਂ) ਹਰਿ-ਨਾਮ ਦਾ ਪਾਠ (ਹੀ) ਪੜ੍ਹਦਾ ਰਹਿੰਦਾ ਹਾਂ ॥੧॥ ਰਹਾਉ ॥
35511	833	ਏਕੁ ਗਿਰਹੁ ਦਸ ਦੁਆਰ ਹੈ ਜਾ ਕੇ ਅਹਿ ਨਿਸਿ ਤਸਕਰ ਪੰਚ ਚੋਰ ਲਗਈਆ॥	ਲ-ਗਈਆ	Eaek Girahu Dhas Dhuaar Hai Jaa Kae Ahinis Thasakar Panch Chor Lageeaa ||	In the one house of the body, there are ten gates; night and day, the five thieves break in.	ਹੇ ਭਾਈ! (ਮਨੁੱਖ ਦਾ ਇਹ ਸਰੀਰ) ਇਕ ਅਜਿਹਾ ਘਰ ਹੈ ਜਿਸ ਦੇ ਦਸ ਦਰਵਾਜ਼ੇ ਹਨ, (ਇਹਨਾਂ ਦਰਵਾਜ਼ਿਆਂ ਦੀ ਰਾਹੀਂ) ਦਿਨ ਰਾਤ (ਕਾਮ ਕ੍ਰੋਧ ਲੋਭ ਮੋਹ ਅਹੰਕਾਰ) ਪੰਜ ਚੋਰ ਸੰਨ੍ਹ ਲਾਈ ਰੱਖਦੇ ਹਨ।
35512	833	ਧਰਮੁ ਅਰਥੁ ਸਭੁ ਹਿਰਿ ਲੇ ਜਾਵਹਿ ਮਨਮੁਖ ਅੰਧੁਲੇ ਖਬਰਿ ਨ ਪਈਆ॥੨॥		Dhharam Arathh Sabh Hir Lae Jaavehi Manamukh Andhhulae Khabar N Peeaa ||2||	They steal the entire wealth of one's Dharmic faith, but the blind, self-willed manmukh does not know it. ||2||	(ਇਸ ਦੇ ਅੰਦਰੋਂ) ਆਤਮਕ ਜੀਵਨ ਵਾਲਾ ਸਾਰਾ ਧਨ ਚੁਰਾ ਕੇ ਲੈ ਜਾਂਦੇ ਹਨ। (ਆਤਮਕ ਜੀਵਨ ਵਲੋਂ) ਅੰਨ੍ਹੇ ਹੋ ਚੁਕੇ ਮਨ ਦੇ ਮੁਰੀਦ ਮਨੁੱਖ ਨੂੰ (ਆਪਣੇ ਲੁੱਟੇ ਜਾਣ ਦਾ) ਪਤਾ ਹੀ ਨਹੀਂ ਲੱਗਦਾ ॥੨॥

35513	833	ਕੰਚਨ ਕੋਟੁ ਬਹੁ ਮਾਣਕਿ ਭਰਿਆ ਜਾਗੇ ਗਿਆਨ ਤਤਿ ਲਿਵ ਲਈਆ॥		Kanchan Kott Bahu Maanak Bhariaa Jaagae Giaan Thath Liv Leeaa ||	The fortress of the body is overflowing with gold and jewels; when it is awakened by spiritual wisdom, one enshrines love for the essence of reality.	ਹੇ ਭਾਈ! (ਇਹ ਮਨੁੱਖਾ ਸਰੀਰ, ਮਾਨੇ,) ਸੋਨੇ ਦਾ ਕਿਲ੍ਹਾ (ਉੱਚੇ ਆਤਮਕ ਗੁਣਾਂ ਦੇ) ਮੋਤੀਆਂ ਨਾਲ ਭਰਿਆ ਹੋਇਆ ਹੈ। ਜਿਹੜੇ ਮਨੁੱਖ ਆਤਮਕ ਜੀਵਨ ਦੇ ਸੋਮੇ ਪ੍ਰਭੂ ਵਿਚ ਸੁਰਤ ਜੋੜ ਕੇ ਸੁਚੇਤ ਰਹਿੰਦੇ ਹਨ (ਉਹ ਆਪਣਾ ਆਤਮ ਧਨ ਬਚਾ ਲੈਂਦੇ ਹਨ)।
35514	833	ਤਸਕਰ ਹੇਰੂ ਆਇ ਲੁਕਾਨੇ ਗੁਰ ਕੈ ਸਬਦਿ ਪਕੜਿ ਬੰਧਿ ਪਈਆ॥੩॥		Thasakar Haeroo Aae Lukaanae Gur Kai Sabadh Pakarr Bandhh Peeaa ||3||	The thieves and robbers hide out in the body; through the Word of the Guru's Shabad, they are arrested and locked up. ||3||	(ਇਹਨਾਂ ਹੀਰਿਆਂ ਨੂੰ ਚੁਰਾਣ ਲਈ ਲੁੱਟਣ ਲਈ ਕਾਮਾਦਿਕ) ਚੋਰ ਡਾਕੂ ਆ ਕੇ (ਇਸ ਵਿਚ) ਲੁਕੇ ਰਹਿੰਦੇ ਹਨ। ਉਹ (ਸੁਚੇਤ) ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਇਹਨਾਂ ਚੋਰਾਂ ਡਾਕੂਆਂ ਨੂੰ) ਫੜ ਕੇ ਬੰਨ੍ਹ ਲੈਂਦੇ ਹਨ ॥੩॥
35515	833	ਹਰਿ ਹਰਿ ਨਾਮੁ ਪੋਤੁ ਬੋਹਿਥਾ ਖੇਵਟੁ ਸਬਦੁ ਗੁਰੁ ਪਾਰਿ ਲੰਘਈਆ॥	(ਪੋਤ)ਬੇੜੀ। (ਬੋਹਿਥਾ)ਜਹਾਜ਼ । ਲੰ–ਘਈਆ	Har Har Naam Poth Bohithhaa Khaevatt Sabadh Gur Paar Langheeaa ||	The Name of the Lord,Har,Har, is the boat, and the Word of the Guru's Shabad is the boatman, to carry us across.	ਹੇ ਭਾਈ! ਪਰਮਾਤਮਾ ਦਾ ਨਾਮ ਜਹਾਜ਼ ਹੈ ਜਹਾਜ਼, (ਉਸ ਜਹਾਜ਼ ਦਾ) ਮਲਾਹ (ਗੁਰੂ ਦਾ) ਸ਼ਬਦ ਹੈ, (ਜਿਹੜਾ ਮਨੁੱਖ ਇਸ ਜਹਾਜ਼ ਦਾ ਆਸਰਾ ਲੈਂਦਾ ਹੈ, ਉਸ ਨੂੰ) ਗੁਰੂ (ਵਿਕਾਰਾਂ-ਭਰੇ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ।

35516	833	ਜਮੁ ਜਾਗਾਤੀ ਨੇੜਿ ਨ ਆਵੈ ਨਾ ਕੋ ਤਸਕਰੁ ਚੋਰੁ ਲਗਈਆ॥੪॥	ਲੱ-ਗਈਆ	Jam Jaagaathee Naerr N Aavai Naa Ko Thasakar Chor Lageeaa ||4||	The Messenger of Death, the tax collector, does not even come close, and no thieves or robbers can plunder you. ||4||	ਜਮਰਾਜ-ਮਸੂਲੀਆ (ਭੀ ਉਸ ਦੇ) ਨੇੜੇ ਨਹੀਂ ਆਉਂਦਾ, (ਕਾਮਾਦਿਕ) ਕੋਈ ਚੋਰ ਭੀ ਸੰਨ੍ਹ ਨਹੀਂ ਲਾ ਸਕਦਾ ॥੪॥
35517	833	ਹਰਿ ਗੁਣ ਗਾਵੈ ਸਦਾ ਦਿਨੁ ਰਾਤੀ ਮੈ ਹਰਿ ਜਸੁ ਕਹਤੇ ਅੰਤੁ ਨ ਲਹੀਆ॥		Har Gun Gaavai Sadhaa Dhin Raathee Mai Har Jas Kehathae Anth N Leheeaa ||	I continuously sing the Glorious Praises of the Lord,day and night; singing the Lord's Praises,I cannot find His limits.	ਹੇ ਭਾਈ! (ਮੇਰਾ ਮਨ ਹੁਣ) ਸਦਾ ਦਿਨ ਰਾਤ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਮੈਂ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਿਆਂ ਕਰਦਿਆਂ (ਸਿਫ਼ਤਿ ਦਾ) ਅੰਤ ਨਹੀਂ ਲੱਭ ਸਕਦਾ।
35518	833	ਗੁਰਮੁਖਿ ਮਨੂਆ ਇਕਤੁ ਘਰਿ ਆਵੈ ਮਿਲਉ ਗੋਪਾਲ ਨੀਸਾਨੁ ਬਜਈਆ॥੫॥	ਗੋਪਾਲ:ਗੋ ਹੋੜੇ ਔਂਕੜ ਵਿਚਾਲੇ ਬੋਲੋ। ਬ-ਜਈਆ	Guramukh Manooaa Eikath Ghar Aavai Milo Guopaal Neesaan Bajeeaa ||5||	The mind of the Gurmukh returns to its own home; it meets the Lord of the Universe, to the beat of the celestial drum. ||5||	ਗੁਰੂ ਦੀ ਸਰਨ ਪੈ ਕੇ (ਮੇਰਾ ਇਹ) ਮਨ ਪ੍ਰਭੂ-ਚਰਨਾਂ ਵਿਚ ਹੀ ਟਿਕਿਆ ਰਹਿੰਦਾ ਹੈ, ਮੈਂ ਲੋਕ-ਲਾਜ ਦੂਰ ਕਰ ਕੇ ਜਗਤ-ਪਾਲਕ ਪ੍ਰਭੂ ਨੂੰ ਮਿਲਿਆ ਰਹਿੰਦਾ ਹਾਂ ॥੫॥

35519	833	ਨੈਨੀ ਦੇਖਿ ਦਰਸੁ ਮਨੁ ਤ੍ਰਿਪਤੈ ਸ੍ਰਵਨ ਬਾਣੀ ਗੁਰ ਸਬਦੁ ਸੁਣਈਆ॥	ਸੁ-ਣਈਆ	Nainee Dhaekh Dharas Man Thripathai Sravan Baanee Gur Sabadh Suneeaa ||	Gazing upon the Blessed Vision of His Darshan with my eyes, my mind is satisfied; with my ears, I listen to the Guru's Bani, and the Word of His Shabad.	ਹੇ ਭਾਈ! ਅੱਖਾਂ ਨਾਲ (ਹਰ ਥਾਂ ਪ੍ਰਭੂ ਦਾ) ਦਰਸਨ ਕਰ ਕੇ (ਮੇਰਾ) ਮਨ (ਹੋਰ ਵਾਸਨਾਂ ਵਲੋਂ) ਰੱਜਿਆ ਰਹਿੰਦਾ ਹੈ, (ਮੇਰਾ) ਕੰਨ ਗੁਰੂ ਦੀ ਬਾਣੀ ਗੁਰੂ ਦੇ ਸ਼ਬਦ ਨੂੰ (ਹੀ) ਸੁਣਦੇ ਰਹਿੰਦੇ ਹਨ।
35520	833	ਸੁਨਿ ਸੁਨਿ ਆਤਮ ਦੇਵ ਹੈ ਭੀਨੇ ਰਸਿ ਰਸਿ ਰਾਮ ਗੋਪਾਲ ਰਵਈਆ॥੬॥	ਰ-ਵਈਆ	Sun Sun Aatham Dhaev Hai Bheenae Ras Ras Raam Gopaal Raveeaa ||6||	Listening, listening, my soul is softened, delighted by His subtle essence, chanting the Name of the Lord of the Universe. ||6||	(ਪ੍ਰਭੂ ਦੀ ਸਿਫ਼ਤਿ-ਸਾਲਾਹ) ਸੁਣ ਸੁਣ ਕੇ (ਮੇਰੀ) ਜਿੰਦ (ਨਾਮ-ਰਸ ਵਿਚ) ਭਿੱਜੀ ਰਹਿੰਦੀ ਹੈ, (ਮੈਂ) ਬੜੇ ਆਨੰਦ ਨਾਲ ਰਾਮ-ਗੋਪਾਲ ਦੇ ਗੁਣ ਗਾਂਦਾ ਰਹਿੰਦਾ ਹਾਂ ॥੬॥
35521	833	ਤ੍ਰੈ ਗੁਣ ਮਾਇਆ ਮੋਹਿ ਵਿਆਪੇ ਤੁਰੀਆ ਗੁਣੁ ਹੈ ਗੁਰਮੁਖਿ ਲਹੀਆ॥		Thrai Gun Maaeiaa Mohi Viaapae Thureeaa Gun Hai Guramukh Leheeaa ||	In the grip of the three qualities, they are engrossed in love and attachment to Maya; only as Gurmukh do they find the absolute quality, absorption in bliss.	ਹੇ ਭਾਈ! ਮਾਇਆ ਦੇ ਤਿੰਨ ਗੁਣਾਂ ਦੇ ਅਸਰ ਹੇਠ ਰਹਿਣ ਵਾਲੇ ਜੀਵ (ਸਦਾ) ਮਾਇਆ ਦੇ ਮੋਹ ਵਿਚ ਫਸੇ ਰਹਿੰਦੇ ਹਨ। ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਉਹ) ਚੌਥਾ ਪਦ ਪ੍ਰਾਪਤ ਕਰ ਲੈਂਦਾ ਹੈ (ਜਿਥੇ ਮਾਇਆ ਦਾ ਪ੍ਰਭਾਵ ਨਹੀਂ ਪੈ ਸਕਦਾ)।

35522	833	ੲੇਕ ਦ੍ਰਿਸਟਿ ਸਭ ਸਮ ਕਰਿ ਜਾਣੈ ਨਦਰੀ ਆਵੈ ਸਭੁ ਬ੍ਰਹਮੁ ਪਸਰਈਆ॥੭॥	ਪਸ-ਰਈਆ	Eaek Dhrisatt Sabh Sam Kar Jaanai Nadharee Aavai Sabh Breham Pasareeaa ||7||	With a single, impartial eye, look upon all alike, and see God pervading all. ||7||	(ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ) ਇਕ (ਪਿਆਰ-) ਨਿਗਾਹ ਨਾਲ ਸਾਰੀ ਲੁਕਾਈ ਨੂੰ ਇਕੋ ਜਿਹੀ ਜਾਣਦਾ ਹੈ। ਉਸ ਨੂੰ (ਇਹ ਪ੍ਰਤੱਖ) ਦਿੱਸ ਪੈਂਦਾ ਹੈ (ਕਿ) ਹਰ ਥਾਂ ਪਰਮਾਤਮਾ ਹੀ ਪਸਰਿਆ ਹੋਇਆ ਹੈ ॥੭॥
35523	833	ਰਾਮ ਨਾਮੁ ਹੈ ਜੋਤਿ ਸਬਾਈ ਗੁਰਮੁਖਿ ਆਪੇ ਅਲਖੁ ਲਖਈਆ॥	ਅ-ਲਖੁ।ਲ-ਖਈਆ।ਅਲਖੁ:ਪੋਲਾ ਬੋਲੋ	Raam Naam Hai Joth Sabaaee Guramukh Aapae Alakh Lakheeaa ||	The Light of the Lord's Name permeates all; the Gurmukh knows the unknowable.	ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਇਹ) ਸਮਝ ਲੈਂਦਾ ਹੈ ਕਿ ਅਲੱਖ ਪ੍ਰਭੂ ਆਪ ਹੀ ਆਪ (ਹਰ ਥਾਂ ਮੌਜੂਦ) ਹੈ, ਹਰ ਥਾਂ ਪਰਮਾਤਮਾ ਦਾ ਹੀ ਨਾਮ ਹੈ, ਸਾਰੀ ਲੁਕਾਈ ਵਿਚ ਪਰਮਾਤਮਾ ਦੀ ਹੀ ਜੋਤਿ ਹੈ।
35524	833	ਨਾਨਕ ਦੀਨ ਦਇਆਲ ਭਏ ਹੈ ਭਗਤਿ ਭਾਇ ਹਰਿ ਨਾਮਿ ਸਮਈਆ॥੮॥੧॥੪॥	ਸ-ਮਈਆ	Naanak Dheen Dhaeiaal Bheae Hai Bhagath Bhaae Har Naam Sameeaa ||8||1||4||	O Nanak, the Lord has become merciful to the meek; through loving adoration, he merges in the Lord's Name. ||8||1||4||	ਹੇ ਨਾਨਕ! ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ ਜੀ ਜਿਨ੍ਹਾਂ ਉਤੇ ਦਇਆਵਾਨ ਹੁੰਦੇ ਹਨ, ਉਹ ਮਨੁੱਖ ਭਗਤੀ-ਭਾਵਨਾ ਦੀ ਰਾਹੀਂ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦੇ ਹਨ ॥੮॥੧॥੪॥
35525	833	ਬਿਲਾਵਲੁ ਮਹਲਾ ੪॥		Bilaaval Mehalaa 4 ||	Bilaaval, Fourth Mehl:	

35526	833	ਹਰਿ ਹਰਿ ਨਾਮੁ ਸੀਤਲ ਜਲੁ ਧਿਆਵਹੁ ਹਰਿ ਚੰਦਨ ਵਾਸੁ ਸੁਗੰਧ ਗੰਧਈਆ॥	ਗੰ-ਧਈਆ	Har Har Naam Seethal Jal Dhhiaavahu Har Chandhan Vaas Sugandhh Gandhheeaa ||	Meditate on the cool water of the Name of the Lord, Har, Har. Perfume yourself with the fragrant scent of the Lord, the sandalwood tree.	ਹੇ ਭਾਈ! ਪ੍ਰਭੂ ਦਾ ਨਾਮ ਸਿਮਰਿਆ ਕਰੋ, ਇਹ ਨਾਮ ਠੰਢ ਪਾਣ ਵਾਲਾ ਜਲ ਹੈ, ਇਹ ਨਾਮ ਚੰਦਨ ਦੀ ਸੁਗੰਧੀ ਹੈ ਜਿਹੜੀ (ਸਾਰੀ ਬਨਸਪਤੀ ਨੂੰ) ਸੁਗੰਧਿਤ ਕਰ ਦੇਂਦੀ ਹੈ।
35527	834	ਮਿਲਿ ਸਤਸੰਗਤਿ ਪਰਮਪਦੁ ਪਾਇਆ ਮੈ ਹਿਰਡ ਪਲਾਸ ਸੰਗਿ ਹਰਿ ਬੁਹੀਆ॥੧॥	ਹਿਰਡਇੰਰਿੰਡ, ਕੌੜਾ ਸੁਭਾਉ। ਪਲਾਸਪਲਾਹ, ਫਿੱਕਾ ਸੁਭਾਉ	Mil Sathasangath Param Padh Paaeiaa Mai Hiradd Palaas Sang Har Buheeaa ||1||	Joining the Society of the Saints, I have obtained the supreme status. I am just a castor-oil tree, made fragrant by their association. ||1||	ਹੇ ਭਾਈ! ਸਾਧ ਸੰਗਤਿ ਵਿਚ ਮਿਲ ਕੇ ਸਭ ਤੋਂ ਉੱਚਾ ਆਤਮਕ ਦਰਜਾ ਪ੍ਰਾਪਤ ਕਰ ਲਈਦਾ ਹੈ। ਜਿਵੇਂ ਅਰਿੰਡ ਤੇ ਪਲਾਹ (ਆਦਿਕ ਨਿਕੰਮੇ ਰੁੱਖ ਚੰਦਨ ਦੀ ਸੰਗਤਿ ਨਾਲ) ਸੁਗੰਧਿਤ ਹੋ ਜਾਂਦੇ ਹਨ, (ਤਿਵੇਂ) ਮੇਰੇ ਵਰਗੇ ਜੀਵ (ਹਰਿ ਨਾਮ ਦੀ ਬਰਕਤਿ ਨਾਲ ਉੱਚੇ ਜੀਵਨ ਵਾਲੇ ਬਣ ਜਾਂਦੇ ਹਨ) ॥੧॥
35528	834	ਜਪਿ ਜਗੰਨਾਥ ਜਗਦੀਸ ਗੁਸਈਆ॥	ਜੱਗਦੀਸ।ਗੁ-ਸਈਆ	Jap Jagannaathh Jagadhees Guseeaa ||	Meditate on the Lord of the Universe, the Master of the world, the Lord of creation.	ਹੇ ਭਾਈ! ਜਗਤ ਦੇ ਨਾਥ, ਜਗਤ ਦੇ ਈਸ਼ੂਰ, ਧਰਤੀ ਦੇ ਖਸਮ ਪ੍ਰਭੂ ਦਾ ਨਾਮ ਜਪਿਆ ਕਰ।

35529	834	ਸਰਣਿ ਪਰੇ ਸੇਈ ਜਨ ਉਬਰੇ ਜਿਉ ਪ੍ਰਹਿਲਾਦ ਉਧਾਰਿ ਸਮਈਆ॥੧॥ਰਹਾਉ॥	ਪ੍ਰ-ਹਿਲਾਦ। ਸ-ਮਈਆ	Saran Parae Saeee Jan Oubarae Jio Prehilaadh Oudhhaar Sameeaa ||1|| Rehaao ||	Those humble beings who seek the Lord's Sanctuary are saved, like Prahlaad; they are emancipated and merge with the Lord. ||1||Pause||	ਜਿਹੜੇ ਮਨੁੱਖ ਪ੍ਰਭੂ ਦੀ ਸਰਨ ਆ ਪੈਂਦੇ ਹਨ, ਉਹ ਮਨੁੱਖ (ਸੰਸਾਰ-ਸਮੁੰਦਰ ਵਿਚੋਂ) ਬਚ ਨਿਕਲਦੇ ਹਨ, ਜਿਵੇਂ ਪ੍ਰਹਿਲਾਦ (ਆਦਿਕ ਭਗਤਾਂ) ਨੂੰ (ਪਰਮਾਤਮਾ ਨੇ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਕੇ (ਆਪਣੇ ਚਰਨਾਂ ਵਿਚ) ਲੀਨ ਕਰ ਲਿਆ ॥੧॥ ਰਹਾਉ ॥
35530	834	ਭਾਰ ਅਠਾਰਹ ਮਹਿ ਚੰਦਨੁ ਊਤਮ ਚੰਦਨ ਨਿਕਟਿ ਸਭ ਚੰਦਨੁ ਹੁਈਆ॥		Bhaar Athaareh Mehi Chandhan Ootham Chandhan Nikatt Sabh Chandhan Hueeaa ||	Of all plants, the sandalwood tree is the most sublime. Everything near the sandalwood tree becomes fragrant like sandalwood.	ਹੇ ਭਾਈ! ਸਾਰੀ ਬਨਸਪਤੀ ਵਿਚ ਚੰਦਨ ਸਭ ਤੋਂ ਸ੍ਰੇਸ਼ਟ (ਰੁੱਖ) ਹੈ, ਚੰਦਨ ਦੇ ਨੇੜੇ (ਉੱਗਾ ਹੋਇਆ) ਹਰੇਕ ਬੂਟਾ ਚੰਦਨ ਬਣ ਜਾਂਦਾ ਹੈ।
35531	834	ਸਾਕਤ ਕੂੜੇ ਊਭਸੁਕ ਹੂਏ ਮਨਿ ਅਭਿਮਾਨੁ ਵਿਛੁੜਿ ਦੂਰਿ ਗਈਆ॥੨॥	(ਊਭ-ਸੁੱਕ)ਖੜਸੋਕੜ ਸ਼ਰਧਾ ਰੂਪ ਜੜ੍ਹ ਨਹੀਂ, ਭਗਤੀ ਰੂਪ ਛਿੱਲ ਨਹੀਂ, ਪ੍ਰੇਮ ਰੂਪੀ ਰਸ ਨਹੀਂ, ਨਿਸ਼ਕਾਮ ਕਰਮਾਂ ਰੂਪ ਪੱਤੇ ਨਹੀਂ, ਧਰਮ ਰੂਪੀ ਫੁੱਲ ਨਹੀਂ, ਬ੍ਰਹਮਗਿਆਨ ਰੂਪੀ ਫਲ਼ ਨਹੀਂ, ਸ਼ਾਂਤੀ ਰੂਪ ਛਾਂ ਨਹੀਂ	Saakath Koorrae Oobh Suk Hooeae Man Abhimaan Vishhurr Dhoor Geeaa ||2||	The stubborn, false faithless cynics are dried up; their egotistical pride separates them far from the Lord. ||2||	ਪਰ ਪਰਮਾਤਮਾ ਨਾਲੋਂ ਟੁੱਟੇ ਹੋਏ ਮਾਇਆ-ਵੇੜ੍ਹੇ ਪ੍ਰਾਣੀ (ਉਹਨਾਂ ਰੁੱਖਾਂ ਵਰਗੇ ਹਨ ਜੋ ਧਰਤੀ ਵਿਚੋਂ ਖ਼ੁਰਾਕ ਮਿਲ ਸਕਣ ਤੇ ਭੀ) ਖਲੋਤੇ ਹੀ ਸੁੱਕ ਜਾਂਦੇ ਹਨ, (ਉਹਨਾਂ ਦੇ) ਮਨ ਵਿਚ ਅਹੰਕਾਰ ਵੱਸਦਾ ਹੈ, (ਇਸ ਵਾਸਤੇ ਪਰਮਾਤਮਾ ਤੋਂ) ਵਿਛੁੱੜ ਕੇ ਉਹ ਕਿਤੇ ਦੂਰ ਪਏ ਰਹਿੰਦੇ ਹਨ ॥੨॥

35532	834	ਹਰਿ ਗਤਿ ਮਿਤਿ ਕਰਤਾ ਆਪੇ ਜਾਣੈ ਸਭ ਬਿਧਿ ਹਰਿ ਹਰਿ ਆਪਿ ਬਨਈਆ॥	ਬ-ਨਈਆ	Har Gath Mith Karathaa Aapae Jaanai Sabh Bidhh Har Har Aap Baneeaa ||	Only the Creator Lord Himself knows the state and condition of everyone; the Lord Himself makes all the arrangements.	ਹੇ ਭਾਈ! ਪਰਮਾਤਮਾ ਕਿਹੋ ਜਿਹਾ ਹੈ ਤੇ ਕੇਡਾ ਵੱਡਾ ਹੈ-ਇਹ ਗੱਲ ਉਹ ਆਪ ਹੀ ਜਾਣਦਾ ਹੈ। (ਜਗਤ ਦੀ) ਸਾਰੀ ਮਰਯਾਦਾ ਉਸ ਨੇ ਆਪ ਹੀ ਬਣਾਈ ਹੋਈ ਹੈ (ਉਸ ਮਰਯਾਦਾ ਅਨੁਸਾਰ) ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਉਹ ਸੋਨਾ ਬਣ ਜਾਂਦਾ ਹੈ (ਸੁੱਚੇ ਜੀਵਨ ਵਲ ਬਣ ਜਾਂਦਾ ਹੈ)।
35533	834	ਜਿਸੁ ਸਤਿਗੁਰੁ ਭੇਟੇ ਸੁ ਕੰਚਨੁ ਹੋਵੈ ਜੋ ਧੁਰਿ ਲਿਖਿਆ ਸੁ ਮਿਟੈ ਨ ਮਿਟਈਆ॥੩॥	ਮਿ-ਟਈਆ	Jis Sathigur Bhaettae S Kanchan Hovai Jo Dhhur Likhiaa S Mittai N Mitteeaa ||3||	One who meets the True Guru is transformed into gold. Whatever is pre-ordained, is not erased by erasing. ||3||	ਹੇ ਭਾਈ! ਧੁਰ ਦਰਗਾਹ ਤੋਂ (ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਜੀਵਾਂ ਦੇ ਮੱਥੇ ਉਤੇ ਜੋ ਲੇਖ) ਲਿਖਿਆ ਜਾਂਦਾ ਹੈ, ਉਹ ਲੇਖ (ਕਿਸੇ ਦੇ ਆਪਣੇ ਉੱਦਮ ਨਾਲ) ਮਿਟਾਇਆਂ ਮਿਟ ਨਹੀਂ ਸਕਦਾ (ਗੁਰੂ ਦੇ ਮਿਲਣ ਨਾਲ ਹੀ ਲੋਹੇ ਤੋਂ ਕੰਚਨ ਬਣਦਾ) ਹੈ ॥੩॥
35534	834	ਰਤਨ ਪਦਾਰਥ ਗੁਰਮਤਿ ਪਾਵੈ ਸਾਗਰ ਭਗਤਿ ਭੰਡਾਰ ਖੁਲ੍ਹਈਆ॥	ਖੁ-ਲ੍ਹਈਆ	Rathan Padhaarathh Guramath Paavai Saagar Bhagath Bhanddaar Khulheeaa ||	The treasure of jewels is found in the ocean of the Guru's Teachings. The treasure of devotional worship is opened to me.	ਹੇ ਭਾਈ! (ਗੁਰੂ ਦੇ ਅੰਦਰ) ਭਗਤੀ ਦੇ ਸਮੁੰਦਰ (ਭਰੇ ਪਏ) ਹਨ, ਭਗਤੀ ਦੇ ਖ਼ਜ਼ਾਨੇ ਖੁਲ੍ਹੇ ਪਏ ਹਨ, ਗੁਰੂ ਦੀ ਮਤਿ ਉਤੇ ਤੁਰ ਕੇ ਹੀ ਮਨੁੱਖ (ਉੱਚੇ ਆਤਮਕ ਗੁਣ-) ਰਤਨ ਪ੍ਰਾਪਤ ਕਰ ਸਕਦਾ ਹੈ।

35535	834	ਗੁਰ ਚਰਣੀ ਇਕ ਸਰਧਾ ਉਪਜੀ ਮੈ ਹਰਿ ਗੁਣ ਕਹਤੇ ਤ੍ਰਿਪਤਿ ਨ ਭਈਆ॥੪॥		Gur Charanee Eik Saradhhaa Oupajee Mai Har Gun Kehathae Thripath N Bheeaa ||4||	Focused on the Guru's Feet, faith wells up within me; chanting the Glorious Praises of the Lord, I hunger for more. ||4||	(ਵੇਖੋ) ਗੁਰੂ ਦੀ ਚਰਨੀਂ ਲੱਗ ਕੇ (ਹੀ ਮੇਰੇ ਅੰਦਰ) ਇਕ ਪਰਮਾਤਮਾ ਵਾਸਤੇ ਪਿਆਰ ਪੈਦਾ ਹੋਇਆ ਹੈ (ਹੁਣ) ਪਰਮਾਤਮਾ ਦੇ ਗੁਣ ਗਾਂਦਿਆਂ ਮੇਰਾ ਮਨ ਰੱਜਦਾ ਨਹੀਂ ਹੈ ॥੪॥
35536	834	ਪਰਮ ਬੈਰਾਗੁ ਨਿਤ ਨਿਤ ਹਰਿ ਧਿਆਏ ਮੈ ਹਰਿ ਗੁਣ ਕਹਤੇ ਭਾਵਨੀ ਕਹੀਆ॥		Param Bairaag Nith Nith Har Dhhiaaeae Mai Har Gun Kehathae Bhaavanee Keheeaa ||	I am totally detached, continually, continuously meditating on the Lord; chanting the Glorious Praises of the Lord, I express my love for Him.	ਹੇ ਭਾਈ! ਜਿਹੜਾ ਮਨੁੱਖ ਸਦਾ ਹੀ ਪਰਮਾਤਮਾ ਦਾ ਧਿਆਨ ਧਰਦਾ ਰਹਿੰਦਾ ਹੈ ਉਸਦੇ ਅੰਦਰ ਸਭ ਤੋਂ ਉੱਚੀ ਲਗਨ ਬਣ ਜਾਂਦੀ ਹੈ। ਪ੍ਰਭੂ ਦੇ ਗੁਣ ਗਾਂਦਿਆਂ ਗਾਂਦਿਆਂ ਜਿਹੜਾ ਪਿਆਰ ਮੇਰੇ ਅੰਦਰ ਬਣਿਆ ਹੈ, ਮੈਂ (ਤੁਹਾਨੂੰ ਉਸ ਦਾ ਹਾਲ) ਦੱਸਿਆ ਹੈ।
35537	834	ਬਾਰ ਬਾਰ ਖਿਨੁ ਖਿਨੁ ਪਲੁ ਕਹੀਐ ਹਰਿ ਪਾਰੁ ਨ ਪਾਵੈ ਪਰੈ ਪਰਈਆ॥੫॥	ਪ-ਰਈਆ	Baar Baar Khin Khin Pal Keheeai Har Paar N Paavai Parai Pareeaa ||5||	Time and time again, each and every moment and instant, I express it. I cannot find the Lord's limits; He is the farthest of the far. ||5||	ਸੋ, ਹੇ ਭਾਈ! ਮੁੜ ਮੁੜ, ਹਰੇਕ ਖਿਨ, ਹਰੇਕ ਪਲ, ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ (ਪਰ, ਇਹ ਚੇਤੇ ਰੱਖੋ) ਪਰਮਾਤਮਾ ਪਰੇ ਤੋਂ ਪਰੇ ਹੈ, ਕੋਈ ਜੀਵ ਉਸ (ਦੀ ਹਸਤੀ) ਦਾ ਪਾਰਲਾ ਬੰਨ੍ਹਾ ਲੱਭ ਨਹੀਂ ਸਕਦਾ ॥੫॥

35538	834	ਸਾਸਤ ਬੇਦ ਪੁਰਾਣ ਪੁਕਾਰਹਿ ਧਰਮੁ ਕਰਹੁ ਖਟੁ ਕਰਮ ਦ੍ਰਿੜਈਆ॥	ਦ੍ਰਿ-ੜਈਆ	Saasath Baedh Puraan Pukaarehi Dhharam Karahu Khatt Karam Dhrirreeaa ||	The Shaastras, the Vedas and the Puraanas advise righteous actions, and the performance of the six religious rituals.	ਹੇ ਭਾਈ! ਵੇਦ ਸ਼ਾਸਤ੍ਰ ਪੁਰਾਣ (ਆਦਿਕ ਧਰਮ ਪੁਸਤਕ ਇਸੇ ਗੱਲ ਉੱਤੇ) ਜ਼ੋਰ ਦੇਂਦੇ ਹਨ (ਕਿ ਖਟ-ਕਰਮੀ) ਧਰਮ ਕਮਾਇਆ ਕਰੋ, ਉਹ ਇਹਨਾਂ ਛੇ ਧਾਰਮਿਕ ਕਰਮਾਂ ਬਾਰੇ ਹੀ ਪਕਿਆਈ ਕਰਦੇ ਹਨ।
35539	834	ਮਨਮੁਖ ਪਾਖੰਡਿ ਭਰਮਿ ਵਿਗੂਤੇ ਲੋਭ ਲਹਰਿ ਨਾਵ ਭਾਰਿ ਬੁਡਈਆ॥੬॥	ਬੁੱ-ਡਈਆ	Manamukh Paakhandd Bharam Vigoothae Lobh Lehar Naav Bhaar Buddeeaa ||6||	The hypocritical, self-willed manmukhs are ruined by doubt; in the waves of greed, their boat is heavily loaded, and it sinks. ||6||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਇਸੇ) ਪਾਖੰਡ ਵਿਚ ਭਟਕਣਾ ਵਿਚ (ਪੈ ਕੇ) ਖੁਆਰ ਹੁੰਦੇ ਹਨ, (ਉਹਨਾਂ ਦੀ ਜ਼ਿੰਦਗੀ ਦੀ) ਬੇੜੀ (ਆਪਣੇ ਹੀ ਪਾਖੰਡ ਦੇ) ਭਾਰ ਨਾਲ ਲੋਭ ਦੀ ਲਹਿਰ ਵਿਚ ਡੁੱਬ ਜਾਂਦੀ ਹੈ ॥੬॥
35540	834	ਨਾਮੁ ਜਪਹੁ ਨਾਮੇ ਗਤਿ ਪਾਵਹੁ ਸਿਮ੍ਰਿਤਿ ਸਾਸਤ੍ਰ ਨਾਮੁ ਦ੍ਰਿੜਈਆ॥	ਸਿਮ-ਿ੍ਰਤਿ	Naam Japahu Naamae Gath Paavahu Simrith Saasathr Naam Dhrirreeaa ||	So chant the Naam, the Name of the Lord, and through the Naam, find emancipation. The Simritees and Shaastras recommend the Naam.	ਹੇ ਭਾਈ! ਪਰਮਾਤਮਾ ਦਾ ਨਾਮ ਜਪਿਆ ਕਰੋ, ਨਾਮ ਵਿਚ ਜੁੜ ਕੇ ਹੀ ਉੱਚੀ ਆਤਮਕ ਅਵਸਥਾ ਪ੍ਰਾਪਤ ਕਰੋਗੇ। (ਆਪਣੇ ਹਿਰਦੇ ਵਿਚ ਪਰਮਾਤਮਾ ਦਾ) ਨਾਮ ਪੱਕਾ ਟਿਕਾਈ ਰੱਖੋ, (ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਵਾਸਤੇ ਇਹ ਹਰਿ-ਨਾਮ ਹੀ) ਸਿਮ੍ਰਿਤੀਆਂ ਸ਼ਾਸਤ੍ਰਾਂ ਦਾ ਉਪਦੇਸ ਹੈ।

35541	834	ਹਉਮੈ ਜਾਇ ਤ ਨਿਰਮਲੁ ਹੋਵੈ ਗੁਰਮੁਖਿ ਪਰਚੈ ਪਰਮਪਦੁ ਪਈਆ॥੭॥		Houmai Jaae Th Niramal Hovai Guramukh Parachai Param Padh Peeaa ||7||	Eradicating egotism, one becomes pure. The Gurmukh is inspired, and obtains the supreme status. ||7||	(ਹਰਿ-ਨਾਮ ਦੀ ਰਾਹੀਂ ਜਦੋਂ ਮਨੁੱਖ ਦੇ ਅੰਦਰੋਂ) ਹਉਮੈ ਦੂਰ ਹੋ ਜਾਂਦੀ ਹੈ, ਤਦੋਂ ਮਨੁੱਖ ਪਵਿੱਤਰ ਜੀਵਨ ਵਾਲਾ ਹੋ ਜਾਂਦਾ ਹੈ। ਗੁਰੂ ਦੀ ਸਰਨ ਪੈ ਕੇ ਜਦੋਂ ਮਨੁੱਖ (ਪਰਮਾਤਮਾ ਦੇ ਨਾਮ ਵਿਚ) ਪਤੀਜਦਾ ਹੈ, ਤਦੋਂ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ ॥੭॥
35542	834	ਇਹੁ ਜਗੁ ਵਰਨੁ ਰੂਪੁ ਸਭੁ ਤੇਰਾ ਜਿਤੁ ਲਾਵਹਿ ਸੇ ਕਰਮ ਕਮਈਆ॥	ਜੱਗੁ, ਕ-ਮਈਆ	Eihu Jag Varan Roop Sabh Thaeraa Jith Laavehi Sae Karam Kameeaa ||	This world, with its colors and forms, is all Yours, O Lord; as You attach us, so do we do our deeds.	(ਹੇ ਪ੍ਰਭੂ!) ਇਹ ਸਾਰਾ ਜਗਤ ਤੇਰਾ ਹੀ ਰੂਪ ਹੈ ਤੇਰਾ ਹੀ ਰੰਗ ਹੈ। ਜਿਸ ਪਾਸੇ ਤੂੰ (ਜੀਵਾਂ ਨੂੰ) ਲਾਂਦਾ ਹੈਂ, ਉਹੀ ਕਰਮ ਜੀਵ ਕਰਦੇ ਹਨ।
35543	834	ਨਾਨਕ ਜੰਤ ਵਜਾਏ ਵਾਜਹਿ ਜਿਤੁ ਭਾਵੈ ਤਿਤੁ ਰਾਹਿ ਚਲਈਆ॥੮॥੨॥੫॥	ਚ-ਲਈਆ	Naanak Janth Vajaaeae Vaajehi Jith Bhaavai Thith Raahi Chaleeaa ||8||2||5||	O Nanak, we are the instruments upon which He plays; as He wills, so is the path we take. ||8||2||5||	ਹੇ ਨਾਨਕ! (ਆਖ-) ਜੀਵ (ਤੇਰੇ ਵਾਜੇ ਹਨ) ਜਿਵੇਂ ਤੂੰ ਵਜਾਂਦਾ ਹੈਂ, ਤਿਵੇਂ ਵੱਜਦੇ ਹਨ। ਜਿਸ ਰਾਹ ਤੇ ਤੋਰਨਾ ਤੈਨੂੰ ਚੰਗਾ ਲੱਗਦਾ ਹੈ, ਉਸੇ ਰਾਹ ਤੇ ਜੀਵ ਤੁਰਦੇ ਹਨ ॥੮॥੨॥੫॥
35544	834	ਬਿਲਾਵਲੁ ਮਹਲਾ ੪॥		Bilaaval Mehalaa 4 ||	Bilaaval, Fourth Mehl:	

35545	834	ਗੁਰਮੁਖਿ ਅਗਮ ਅਗੋਚਰੁ ਧਿਆਇਆ ਹਉ ਬਲਿ ਬਲਿ ਸਤਿਗੁਰ ਸਤਿ ਪੁਰਖਈਆ॥	ਪੁਰ-ਖਈਆ	Guramukh Agam Agochar Dhhiaaeiaa Ho Bal Bal Sathigur Sath Purakheeaa ||	The Gurmukh meditates on the Inaccessible, Unfathomable Lord. I am a sacrifice, a sacrifice to the True Guru, the True Primal Being.	ਹੇ ਭਾਈ! ਮੈਂ ਗੁਰੂ ਮਹਾ ਪੁਰਖ ਤੋਂ ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ। ਗੁਰੂ ਦੀ ਸਰਨ ਪੈ ਕੇ ਮੈਂ ਉਸ ਅਪਹੁੰਚ ਪ੍ਰਭੂ ਦਾ ਨਾਮ ਸਿਮਰ ਰਿਹਾ ਹਾਂ ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ।
35546	834	ਰਾਮ ਨਾਮੁ ਮੇਰੈ ਪ੍ਰਾਣਿ ਵਸਾਏ ਸਤਿਗੁਰ ਪਰਸਿ ਹਰਿ ਨਾਮਿ ਸਮਈਆ॥੧॥	ਸ-ਮਈਆ	Raam Naam Maerai Praan Vasaaeae Sathigur Paras Har Naam Sameeaa ||1||	He has brought the Lord's Name to dwell upon my breath of life; meeting with the True Guru, I am absorbed into the Lord's Name. ||1||	ਗੁਰੂ ਨੇ ਪਰਮਾਤਮਾ ਦਾ ਨਾਮ ਮੇਰੇ ਹਰੇਕ ਸੁਆਸ ਵਿਚ ਵਸਾ ਦਿੱਤਾ ਹੈ। ਗੁਰੂ (ਦੇ ਚਰਨਾਂ) ਨੂੰ ਛੁਹ ਕੇ ਪਰਮਾਤਮਾ ਦੇ ਨਾਮ ਵਿਚ ਮੈਂ ਲੀਨ ਰਹਿੰਦਾ ਹਾਂ ॥੧॥
35547	834	ਜਨ ਕੀ ਟੇਕ ਹਰਿ ਨਾਮੁ ਟਿਕਈਆ॥	ਟਿ-ਕਈਆ	Jan Kee Ttaek Har Naam Ttikeeaa ||	The Name of the Lord is the only Support of His humble servants.	ਹੇ ਭਾਈ! (ਗੁਰੂ ਨੇ) ਪਰਮਾਤਮਾ ਦਾ ਨਾਮ (ਮੈਂ) ਦਾਸ (ਦੀ ਜ਼ਿੰਦਗੀ) ਦਾ ਸਹਾਰਾ ਬਣਾ ਦਿੱਤਾ ਹੈ।

35548	834	ਸਤਿਗੁਰ ਕੀ ਧਰ ਲਾਗਾ ਜਾਵਾ ਗੁਰ ਕਿਰਪਾ ਤੇ ਹਰਿ ਦਰੁ ਲਹੀਆ॥੧॥ਰਹਾਉ ॥		Sathigur Kee Dhhar Laagaa Jaavaa Gur Kirapaa Thae Har Dhar Leheeaa ||1|| Rehaao ||	I shall live under the protection of the True Guru. By Guru's Grace, I shall attain the Court of the Lord. ||1||Pause||	ਮੈਂ ਗੁਰੂ ਦਾ ਪੱਲਾ ਫੜ ਕੇ (ਜੀਵਨ-ਪੰਧ ਤੇ) ਤੁਰਿਆ ਜਾ ਰਿਹਾ ਹਾਂ, ਗੁਰੂ ਦੀ ਮਿਹਰ ਨਾਲ ਮੈਂ ਪਰਮਾਤਮਾ (ਦੇ ਮਹਲ) ਦਾ ਦਰਵਾਜ਼ਾ ਲੱਭ ਲਿਆ ਹੈ ॥੧॥ ਰਹਾਉ ॥
35549	834	ਇਹੁ ਸਰੀਰੁ ਕਰਮ ਕੀ ਧਰਤੀ ਗੁਰਮੁਖਿ ਮਥਿ ਮਥਿ ਤਤੁ ਕਢਈਆ॥	ਮਥਿ:ਪੋਲਾ ਬੋਲੋ। ਕ-ਢਈਆ	Eihu Sareer Karam Kee Dhharathee Guramukh Mathh Mathh Thath Kadteeaa ||	This body is the field of karma; the Gurmukhs plow and work it, and harvest the essence.	ਹੇ ਭਾਈ! ਇਹ (ਮਨੁੱਖਾ) ਸਰੀਰ (ਇਕ ਅਜਿਹੀ) ਧਰਤੀ ਹੈ ਜਿਸ ਵਿਚ (ਰੋਜ਼ਾਨਾ ਕੀਤੇ ਜਾ ਰਹੇ) ਕਰਮ (-ਬੀਜ) ਬੀਜੇ ਜਾ ਰਹੇ ਹਨ। (ਜਿਵੇਂ) ਦੁੱਧ ਨੂੰ ਰਿੜਕ ਰਿੜਕ ਕੇ ਮੱਖਣ ਕੱਢ ਲਈਦਾ ਹੈ (ਤਿਵੇਂ,) ਗੁਰੂ ਦੀ ਸਰਨ ਪੈ ਕੇ (ਇਹਨਾਂ ਰੋਜ਼ਾਨਾ ਕੀਤੇ ਜਾ ਰਹੇ ਕਰਮਾਂ ਨੂੰ ਸੋਧ ਸੋਧ ਕੇ ਉੱਚਾ ਆਤਮਕ ਜੀਵਨ ਪ੍ਰਾਪਤ ਕਰ ਲਈਦਾ ਹੈ)।
35550	834	ਲਾਲੁ ਜਵੇਹਰ ਨਾਮੁ ਪ੍ਰਗਾਸਿਆ ਭਾਂਡੈ ਭਾਉ ਪਵੈ ਤਿਤੁ ਅਈਆ॥੨॥		Laal Javaehar Naam Pragaasiaa Bhaanddai Bhaao Pavai Thith Aeeaa ||2||	The priceless jewel of the Naam becomes manifest, and it pours into their vessels of love. ||2||	(ਜਿਸ ਹਿਰਦੇ-ਰੂਪ ਭਾਂਡੇ ਵਿਚ ਗੁਰੂ ਪਰਮਾਤਮਾ ਦਾ) ਮਹਾਨ ਕੀਮਤੀ ਨਾਮ ਪਰਗਟ ਕਰ ਦੇਂਦਾ ਹੈ, ਉਸ (ਹਿਰਦਾ-) ਭਾਂਡੇ ਵਿਚ ਪ੍ਰੇਮ ਆ ਵੱਸਦਾ ਹੈ ॥੨॥

35551	834	ਦਾਸਨਿ ਦਾਸ ਦਾਸ ਹੋਇ ਰਹੀਐ ਜੋ ਜਨ ਰਾਮ ਭਗਤ ਨਿਜ ਭਈਆ॥		Dhaasan Dhaas Dhaas Hoe Reheeai Jo Jan Raam Bhagath Nij Bheeaa ||	Become the slave of the slave, of that humble being who has become the devotee of the Lord.	ਹੇ ਭਾਈ! ਜੇਹੜੇ ਮਨੁੱਖ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਖ਼ਾਸ ਭਗਤ ਬਣ ਜਾਂਦੇ ਹਨ, ਉਹਨਾਂ ਦੇ ਦਾਸਾਂ ਦੇ ਦਾਸਾਂ ਦੇ ਦਾਸ ਬਣ ਕੇ ਰਹਿਣਾ ਚਾਹੀਦਾ ਹੈ।
35552	834	ਮਨੁ ਬੁਧਿ ਅਰਪਿ ਧਰਉ ਗੁਰ ਆਗੈ ਗੁਰ ਪਰਸਾਦੀ ਮੈ ਅਕਥੁ ਕਥਈਆ॥੩॥	ਅ-ਕਥੁ:ਪੋਲਾ ਬੋਲੋ।ਕ-ਥਈਆ	Man Budhh Arap Dhharo Gur Aagai Gur Parasaadhee Mai Akathh Kathheeaa ||3||	I dedicate my mind and intellect, and place them in offering before my Guru; by Guru's Grace, I speak the Unspoken. ||3||	ਮੈਂ (ਆਪਣੇ) ਗੁਰੂ ਦੇ ਅੱਗੇ (ਆਪਣਾ) ਮਨ ਭੇਟਾ ਕਰ ਦਿੱਤਾ ਹੈ, ਆਪਣੀ ਅਕਲ ਭੇਟਾ ਕਰ ਦਿੱਤੀ ਹੈ। ਗੁਰੂ ਦੀ ਕਿਰਪਾ ਨਾਲ ਹੀ ਮੈਂ ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਹਾਂ, ਜਿਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ ॥੩॥
35553	834	ਮਨਮੁਖ ਮਾਇਆ ਮੋਹਿ ਵਿਆਪੇ ਇਹੁ ਮਨੁ ਤ੍ਰਿਸਨਾ ਜਲਤ ਤਿਖਈਆ॥	ਤਿ-ਖਈਆ	Manamukh Maaeiaa Mohi Viaapae Eihu Man Thrisanaa Jalath Thikheeaa ||	The self-willed manmukhs are engrossed in attachment to Maya; their minds are thirsty, burning with desire.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਸਦਾ) ਮਾਇਆ ਦੇ ਮੋਹ ਵਿਚ ਫਸੇ ਰਹਿੰਦੇ ਹਨ, (ਉਹਨਾਂ ਦਾ) ਇਹ ਮਨ (ਮਾਇਆ ਦੀ) ਤ੍ਰਿਸ਼ਨਾ (ਦੀ ਅੱਗ) ਵਿਚ ਸੜਦਾ ਰਹਿੰਦਾ ਹੈ।

35554	834	ਗੁਰਮਤਿ ਨਾਮੁ ਅੰਮ੍ਰਿਤ ਜਲੁ ਪਾਇਆ ਅਗਨਿ ਬੁਝੀ ਗੁਰ ਸਬਦਿ ਬੁਝਈਆ॥੪॥	ਬੁਝੀ। ਬੁ-ਝਈਆ:ਪੋਲਾ ਬੋਲੋ	Guramath Naam Anmrith Jal Paaeiaa Agan Bujhee Gur Sabadh Bujheeaa ||4||	Following the Guru's Teachings, I have obtained the Ambrosial Water of the Naam, and the fire has been put out. The Word of the Guru's Shabad has put it out. ||4||	(ਜਿਸ ਮਨੁੱਖ ਨੇ) ਗੁਰੂ ਦੀ ਸਿੱਖਿਆ ਲੈ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਲੱਭ ਲਿਆ, (ਉਸ ਦੇ ਅੰਦਰੋਂ ਤ੍ਰਿਸ਼ਨਾ ਦੀ) ਅੱਗ ਬੁੱਝ ਗਈ, ਗੁਰੂ ਦੇ ਸ਼ਬਦ ਨੇ ਬੁਝਾ ਦਿੱਤੀ ॥੪॥
35555	834	ਇਹੁ ਮਨੁ ਨਾਚੈ ਸਤਿਗੁਰ ਆਗੈ ਅਨਹਦ ਸਬਦ ਧੁਨਿ ਤੂਰ ਵਜਈਆ॥	ਵ-ਜਈਆ	Eihu Man Naachai Sathigur Aagai Anehadh Sabadh Dhhun Thoor Vajeeaa ||	This mind dances before the True Guru. The unstruck sound current of the Shabad resounds, vibrating the celestial melody.	ਹੇ ਭਾਈ! (ਜਿਸ ਮਨੁੱਖ ਦਾ) ਇਹ ਮਨ ਜਿਧਰ ਗੁਰੂ ਤੋਰਦਾ ਹੈ ਉਧਰ ਤੁਰਦਾ ਰਹਿੰਦਾ ਹੈ, (ਉਸ ਦੇ ਅੰਦਰ) ਸਿਫ਼ਤਿ-ਸਾਲਾਹ ਦੀ ਬਾਣੀ ਦੀ ਰੌ ਦੇ ਇਕ-ਰਸ (ਮਾਨੋ) ਵਾਜੇ ਵੱਜਦੇ ਰਹਿੰਦੇ ਹਨ।
35556	835	ਹਰਿ ਹਰਿ ਉਸਤਤਿ ਕਰੈ ਦਿਨੁ ਰਾਤੀ ਰਖਿ ਰਖਿ ਚਰਣ ਹਰਿ ਤਾਲ ਪੂਰਈਆ॥੫॥	ਪੂ-ਰਈਆ	Har Har Ousathath Karai Dhin Raathee Rakh Rakh Charan Har Thaal Pooreeaa ||5||	I praise the Lord, day and night, moving my feet to the beat of the drum. ||5||	ਉਹ ਮਨੁੱਖ ਦਿਨ ਰਾਤ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ, ਪ੍ਰਭੂ-ਚਰਨਾਂ ਨੂੰ ਹਰ ਵੇਲੇ (ਹਿਰਦੇ ਵਿਚ) ਵਸਾ ਕੇ (ਉਹ ਮਨੁੱਖ ਜੀਵਨ-ਤੋਰ) ਤਾਲ-ਸਿਰ ਤੁਰਦਾ ਰਹਿੰਦਾ ਹੈ ॥੫॥

35557	835	ਹਰਿ ਕੈ ਰੰਗਿ ਰਤਾ ਮਨੁ ਗਾਵੈ ਰਸਿ ਰਸਾਲ ਰਸਿ ਸਬਦੁ ਰਵਈਆ॥	ਰ-ਵਈਆ	Har Kai Rang Rathaa Man Gaavai Ras Rasaal Ras Sabadh Raveeaa ||	Imbued with the Lord's Love, my mind sings His Praise, joyfully chanting the Shabad, the source of nectar and bliss.	ਹੇ ਭਾਈ! ਪ੍ਰਭੂ ਦੇ (ਪ੍ਰੇਮ-) ਰੰਗ ਵਿਚ ਰੰਗਿਆ ਹੋਇਆ (ਜਿਸ ਮਨੁੱਖ ਦਾ) ਮਨ (ਸਿਫ਼ਤਿ-ਸਾਲਾਹ ਦੇ ਗੀਤ) ਗਾਂਦਾ ਰਹਿੰਦਾ ਹੈ, ਰਸਾਂ ਦੇ ਸੋਮੇ ਪ੍ਰਭੂ ਦੇ ਪਿਆਰ ਵਿਚ ਸੁਆਦ ਨਾਲ (ਜੋ ਮਨੁੱਖ) ਗੁਰੂ ਦੇ ਸ਼ਬਦ ਨੂੰ ਜਪਦਾ ਰਹਿੰਦਾ ਹੈ,
35558	835	ਨਿਜ ਘਰਿ ਧਾਰ ਚੁਐ ਅਤਿ ਨਿਰਮਲ ਜਿਨਿ ਪੀਆ ਤਿਨ ਹੀ ਸੁਖੁ ਲਹੀਆ॥੬॥		Nij Ghar Dhhaar Chuai Ath Niramal Jin Peeaa Thin Hee Sukh Leheeaa ||6||	The stream of immaculate purity flows through the home of the self within; one who drinks it in, finds peace. ||6||	ਉਸ ਮਨੁੱਖ ਦੇ ਹਿਰਦੇ ਵਿਚ (ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ) ਬੜੀ ਸਾਫ਼-ਸੁਥਰੀ ਧਾਰ ਚੋਂਦੀ ਰਹਿੰਦੀ ਹੈ। ਜਿਸ ਮਨੁੱਖ ਨੇ (ਇਹ ਨਾਮ-ਜਲ) ਪੀਤਾ ਉਸ ਨੇ ਹੀ ਆਤਮਕ ਆਨੰਦ ਪ੍ਰਾਪਤ ਕੀਤਾ ॥੬॥
35559	835	ਮਨ ਹਠਿ ਕਰਮ ਕਰੈ ਅਭਿਮਾਨੀ ਜਿਉ ਬਾਲਕ ਬਾਲੂ ਘਰ ਉਸਰਈਆ॥	ਉਸ-ਰਈਆ	Manehath Karam Karai Abhimaanee Jio Baalak Baaloo Ghar Ousareeaa ||	The stubborn-minded, egotistical, proud-minded person performs rituals, but these are like sand castles built by children.	(ਜਿਹੜਾ ਮਨੁੱਖ ਆਪਣੇ) ਮਨ ਦੇ ਹਠ ਨਾਲ (ਮਿੱਥੇ ਹੋਏ ਧਾਰਮਿਕ) ਕਰਮ ਕਰਦਾ ਰਹਿੰਦਾ ਹੈ, ਉਸ ਨੂੰ (ਆਪਣੇ ਧਰਮੀ ਹੋਣ ਦਾ) ਮਾਣ ਹੋ ਜਾਂਦਾ ਹੈ, (ਉਸ ਦੇ ਇਹ ਉੱਦਮ ਫਿਰ ਇਉਂ ਹੀ ਹਨ) ਜਿਵੇਂ ਬੱਚੇ ਰੇਤ ਦੇ ਘਰ ਉਸਾਰਦੇ ਹਨ।

35560	835	ਆਵੈ ਲਹਰਿ ਸਮੁੰਦ ਸਾਗਰ ਕੀ ਖਿਨ ਮਹਿ ਭਿੰਨ ਭਿੰਨ ਢਹਿ ਪਈਆ॥੭॥		Aavai Lehar Samundh Saagar Kee Khin Mehi Bhinn Bhinn Dtehi Peeaa ||7||	When the waves of the ocean come in, they crumble and dissolve in an instant. ||7||	ਸਮੁੰਦਰ ਦੇ ਪਾਣੀ ਦੀ ਲਹਿਰ ਆਉਂਦੀ ਹੈ, ਤੇ, ਉਹ ਘਰ ਇਕ ਖਿਨ ਵਿਚ ਕਿਣਕਾ ਕਿਣਕਾ ਹੋ ਕੇ ਢਹਿ ਜਾਂਦੇ ਹਨ ॥੭॥
35561	835	ਹਰਿ ਸਰੁ ਸਾਗਰੁ ਹਰਿ ਹੈ ਆਪੇ ਇਹੁ ਜਗੁ ਹੈ ਸਭੁ ਖੇਲੁ ਖੇਲਈਆ॥	ਖੇ-ਲਈਆ	Har Sar Saagar Har Hai Aapae Eihu Jag Hai Sabh Khael Khaeleeaa ||	The Lord is the pool, and the Lord Himself is the ocean; this world is all a play which He has staged.	ਹੇ ਭਾਈ! ਇਹ ਸਾਰਾ ਜਗਤ (ਪਰਮਾਤਮਾ ਨੇ) ਇਕ ਤਮਾਸ਼ਾ ਰਚਿਆ ਹੋਇਆ ਹੈ, ਉਹ ਆਪ ਹੀ (ਜੀਵਨ ਦਾ) ਸਰੋਵਰ ਹੈ, ਸਮੁੰਦਰ ਹੈ (ਸਾਰੇ ਜੀਵ ਉਸ ਸਮੁੰਦਰ ਦੀਆਂ ਲਹਿਰਾਂ ਹਨ)।
35562	835	ਜਿਉ ਜਲ ਤਰੰਗ ਜਲੁ ਜਲਹਿ ਸਮਾਵਹਿ ਨਾਨਕ ਆਪੇ ਆਪਿ ਰਮਈਆ॥੮॥੩॥੬॥	ਰ-ਮਈਆ	Jio Jal Tharang Jal Jalehi Samaavehi Naanak Aapae Aap Rameeaa ||8||3||6||	As the waves of water merge into the water again, O Nanak, so does He merge into Himself. ||8||3||6||	ਹੇ ਨਾਨਕ! ਜਿਵੇਂ (ਸਮੁੰਦਰ ਦੇ) ਪਾਣੀ ਦੀਆਂ ਲਹਿਰਾਂ (ਸਮੁੰਦਰ ਦਾ) ਪਾਣੀ (ਹੀ ਹਨ) ਪਾਣੀ ਵਿਚ ਹੀ ਮਿਲ ਜਾਂਦੀਆਂ ਹਨ (ਇਸੇ ਤਰ੍ਹਾਂ) ਉਹ ਸੋਹਣਾ ਰਾਮ (ਹਰ ਥਾਂ) ਆਪ ਹੀ ਆਪ ਹੈ ॥੮॥੩॥੬॥
35563	835	ਬਿਲਾਵਲੁ ਮਹਲਾ ੪॥		Bilaaval Mehalaa 4 ||	Bilaaval, Fourth Mehl:	

35564	835	ਸਤਿਗੁਰੁ ਪਰਚੈ ਮਨਿ ਮੁੰਦ੍ਰਾ ਪਾਈ ਗੁਰ ਕਾ ਸਬਦੁ ਤਨਿ ਭਸਮ ਦ੍ਰਿੜਈਆ॥	ਦ੍ਰਿ-ੜਈਆ	Sathigur Parachai Man Mundhraa Paaee Gur Kaa Sabadh Than Bhasam Dhrirreeaa ||	My mind wears the ear-rings of the True Guru's acquaintance; I apply the ashes of the Word of the Guru's Shabad to my body.	ਹੇ ਭਾਈ! (ਜਿਨ੍ਹਾਂ ਮਨੁੱਖਾਂ ਉਤੇ) ਗੁਰੂ ਪ੍ਰਸੰਨ ਹੋ ਜਾਂਦਾ ਹੈ (ਗੁਰੂ ਦੀ ਇਹ ਪ੍ਰਸੰਨਤਾ ਉਹਨਾਂ ਨੇ ਆਪਣੇ) ਮਨ ਵਿਚ (ਜੋਗੀਆਂ ਵਾਲੀ) ਮੁੰਦ੍ਰਾ ਪਾਈ ਹੋਈ ਹੈ, ਗੁਰੂ ਦਾ ਸ਼ਬਦ (ਉਹਨਾਂ ਨੇ ਆਪਣੇ ਹਿਰਦੇ ਵਿਚ) ਪੱਕਾ ਟਿਕਾਇਆ ਹੋਇਆ ਹੈ (ਇਹ ਉਹਨਾਂ ਆਪਣੇ) ਸਰੀਰ ਉੱਤੇ ਸੁਆਹ ਮਲੀ ਹੋਈ ਹੈ।
35565	835	ਅਮਰ ਪਿੰਡ ਭਏ ਸਾਧੂਸੰਗਿ ਜਨਮ ਮਰਣ ਦੋਊ ਮਿਟਿ ਗਈਆ॥੧॥	ਗਈ-ਆ	Amar Pindd Bheae Saadhhoo Sang Janam Maran Dhooo Mitt Geeaa ||1||	By body has become immortal, in the Saadh Sangat, the Company of the Holy. Both birth and death have come to an end for me. ||1||	(ਇਸ ਤਰ੍ਹਾਂ) ਗੁਰੂ ਦੀ ਸੰਗਤਿ ਵਿਚ ਰਹਿ ਕੇ ਉਹ ਜਨਮ ਮਰਨ ਦੇ ਗੇੜ ਤੋਂ ਬਚ ਗਏ ਹਨ, ਉਹਨਾਂ ਦਾ ਜਨਮ ਅਤੇ ਮੌਤ ਦੋਵੇਂ ਹੀ ਮੁੱਕ ਗਏ ਹਨ ॥੧॥
35566	835	ਮੇਰੇ ਮਨ ਸਾਧਸੰਗਤਿ ਮਿਲਿ ਰਹੀਆ॥		Maerae Man Saadhhasangath Mil Reheeaa ||	O my mind, remain united with the Saadh Sangat.	ਹੇ ਮੇਰੇ ਮਨ! ਗੁਰੂ ਦੀ ਸੰਗਤਿ ਵਿਚ ਮਿਲ ਕੇ ਰਹਿਣਾ ਚਾਹੀਦਾ ਹੈ (ਅਤੇ ਅਰਜ਼ੋਈ ਕਰਦੇ ਰਹਿਣਾ ਚਾਹੀਦਾ ਹੈ ਕਿ)

35567	835	ਕ੍ਰਿਪਾ ਕਰਹੁ ਮਧਸੂਦਨ ਮਾਧਉ ਮੈ ਖਿਨੁ ਖਿਨੁ ਸਾਧੂ ਚਰਣ ਪਖਈਆ॥੧॥ਰਹਾਉ॥	ਪ-ਖਈਆ	Kirapaa Karahu Madhhasoodhan Maadhho Mai Khin Khin Saadhhoo Charan Pakheeaa ||1|| Rehaao ||	Be merciful to me, O Lord; each and every instant, let me wash the Feet of the Holy. ||1||Pause||	ਹੇ ਮਧਸੂਦਨ! ਹੇ ਮਾਧੋ! (ਮੇਰੇ ਉਤੇ) ਮਿਹਰ ਕਰ, ਮੈਂ ਹਰ ਵੇਲੇ ਗੁਰੂ ਦੇ ਚਰਨ ਧੋਂਦਾ ਰਹਾਂ (ਹਰ ਵੇਲੇ ਗੁਰੂ ਦੀ ਸਰਨ ਪਿਆ ਰਹਾਂ) ॥੧॥ ਰਹਾਉ ॥
35568	835	ਤਜੈ ਗਿਰਸਤੁ ਭਇਆ ਬਨਵਾਸੀ ਇਕੁ ਖਿਨੁ ਮਨੂਆ ਟਿਕੈ ਨ ਟਿਕਈਆ॥	ਗਿ-ਰਸਤੁ, ਭ-ਇਆ, ਟਿ-ਕਈਆ	Thajai Girasath Bhaeiaa Ban Vaasee Eik Khin Manooaa Ttikai N Ttikeeaa ||	Forsaking family life, he wanders in the forest, but his mind does not remain at rest, even for an instant.	ਪਰ, ਹੇ ਭਾਈ! (ਜਿਹੜਾ ਮਨੁੱਖ) ਗ੍ਰਿਹਸਤ ਛੱਡ ਜਾਂਦਾ ਹੈ ਅਤੇ ਜੰਗਲ ਦਾ ਵਾਸੀ ਜਾ ਬਣਦਾ ਹੈ (ਇਸ ਤਰ੍ਹਾਂ ਉਸ ਦਾ) ਮਨ (ਤਾਂ) ਟਿਕਾਇਆਂ ਇਕ ਖਿਨ ਵਾਸਤੇ ਭੀ ਨਹੀਂ ਟਿਕਦਾ।
35569	835	ਧਾਵਤੁ ਧਾਇ ਤਦੇ ਘਰਿ ਆਵੈ ਹਰਿ ਹਰਿ ਸਾਧੂ ਸਰਣਿ ਪਵਈਆ॥੨॥	ਪ-ਵਈਆ	Dhhaavath Dhhaae Thadhae Ghar Aavai Har Har Saadhhoo Saran Paveeaa ||2||	The wandering mind returns home, only when it seeks the Sanctuary of the Lord's Holy people. ||2||	ਹੇ ਭਾਈ! ਇਹ ਭਟਕਦਾ ਮਨ ਭਟਕ ਭਟਕ ਕੇ ਤਦੋਂ ਹੀ ਟਿਕਾਉ ਵਿਚ ਆਉਂਦਾ ਹੈ, ਜਦੋਂ ਮਨੁੱਖ ਪਰਮਾਤਮਾ ਦੀ ਗੁਰੂ ਦੀ ਸਰਨ ਪੈਂਦਾ ਹੈ ॥੨॥
35570	835	ਧੀਆ ਪੂਤ ਛੋਡਿ ਸੰਨਿਆਸੀ ਆਸਾ ਆਸ ਮਨਿ ਬਹੁਤੁ ਕਰਈਆ॥	ਕ-ਰਈਆ	Dhheeaa Pooth Shhodd Sanniaasee Aasaa Aas Man Bahuth Kareeaa ||	The Sannyaasi renounces his daughters and sons, but his mind still conjures up all sorts of hopes and desires.	ਹੇ ਭਾਈ! (ਜਿਹੜਾ ਮਨੁੱਖ) ਧੀਆਂ ਪੁੱਤਰ (ਪਰਵਾਰ) ਛੱਡ ਕੇ ਸੰਨਿਆਸੀ ਜਾ ਬਣਦਾ ਹੈ (ਉਹ ਤਾਂ ਫਿਰ ਭੀ ਆਪਣੇ) ਮਨ ਵਿਚ ਅਨੇਕਾਂ ਹੀ ਆਸਾਂ ਬਣਾਂਦਾ ਰਹਿੰਦਾ ਹੈ,

35571	835	ਆਸਾ ਆਸ ਕਰੈ ਨਹੀ ਬੂਝੈ ਗੁਰ ਕੈ ਸਬਦਿ ਨਿਰਾਸ ਸੁਖੁ ਲਹੀਆ॥੩॥	ਬੂੱਝੈ	Aasaa Aas Karai Nehee Boojhai Gur Kai Sabadh Niraas Sukh Leheeaa ||3||	With these hopes and desires, he still does not understand, that only through the Word of the Guru's Shabad does one become free of desires, and find peace. ||3||	ਨਿੱਤ ਆਸਾਂ ਬਣਾਂਦਾ ਹੈ (ਇਸ ਤਰ੍ਹਾਂ ਸਹੀ ਆਤਮਕ ਜੀਵਨ ਨੂੰ) ਨਹੀਂ ਸਮਝਦਾ। ਪਰ, ਹਾਂ! ਗੁਰੂ ਦੇ ਸ਼ਬਦ ਦੀ ਰਾਹੀਂ ਦੁਨੀਆ ਦੀਆਂ ਆਸਾਂ ਤੋਂ ਉਤਾਂਹ ਹੋ ਕੇ ਮਨੁੱਖ ਆਤਮਕ ਆਨੰਦ ਮਾਣ ਸਕਦਾ ਹੈ ॥੩॥
35572	835	ਉਪਜੀ ਤਰਕ ਦਿਗੰਬਰੁ ਹੋਆ ਮਨੁ ਦਹ ਦਿਸ ਚਲਿ ਚਲਿ ਗਵਨੁ ਕਰਈਆ॥	ਕ-ਰਈਆ	Oupajee Tharak Dhiganbar Hoaa Man Dheh Dhis Chal Chal Gavan Kareeaa ||	When detachment from the world wells up within, he become a naked hermit, but still, his mind roams, wanders and rambles in the ten directions.	ਹੇ ਭਾਈ! (ਕੋਈ ਮਨੁੱਖ ਅਜਿਹਾ ਹੈ ਜਿਸ ਦੇ ਮਨ ਵਿਚ ਦੁਨੀਆ ਵਲੋਂ) ਨਫ਼ਰਤ ਪੈਦਾ ਹੁੰਦੀ ਹੈ, ਉਹ ਨਾਂਗਾ ਸਾਧੂ ਬਣ ਜਾਂਦਾ ਹੈ, (ਫਿਰ ਭੀ ਉਸ ਦਾ) ਮਨ ਦਸੀਂ ਪਾਸੀਂ ਦੌੜ ਦੌੜ ਕੇ ਭਟਕਦਾ ਫਿਰਦਾ ਹੈ,
35573	835	ਪ੍ਰਭਵਨੁ ਕਰੈ ਬੂਝੈ ਨਹੀ ਤ੍ਰਿਸਨਾ ਮਿਲਿ ਸੰਗਿ ਸਾਧ ਦਇਆ ਘਰੁ ਲਹੀਆ॥੪॥	ਬੂੱਝੈ:ਪੋਲਾ ਬੋਲੋ। ਪ੍ਰ-ਭਵਨੁ	Prabhavan Karai Boojhai Nehee Thrisanaa Mil Sang Saadhh Dhaeiaa Ghar Leheeaa ||4||	He wanders around, but his desires are not satisfied; joining the Saadh Sangat, the Company of the Holy, he finds the house of kindness and compassion. ||4||	(ਉਹ ਮਨੁੱਖ ਧਰਤੀ ਉੱਤੇ) ਰਟਨ ਕਰਦਾ ਫਿਰਦਾ ਹੈ, (ਉਸ ਦੀ ਮਾਇਆ ਦੀ) ਤ੍ਰਿਸ਼ਨਾ (ਫਿਰ ਭੀ) ਨਹੀਂ ਮਿਟਦੀ। ਹਾਂ, ਗੁਰੂ ਦੀ ਸੰਗਤਿ ਵਿਚ ਮਿਲ ਕੇ ਮਨੁੱਖ ਦਇਆ ਦੇ ਸੋਮੇ ਪਰਮਾਤਮਾ ਨੂੰ ਲੱਭ ਲੈਂਦਾ ਹੈ ॥੪॥

35574	835	ਆਸਣ ਸਿਧ ਸਿਖਹਿ ਬਹੁਤੇਰੇ ਮਨਿ ਮਾਗਹਿ ਰਿਧਿ ਸਿਧਿ ਚੇਟਕ ਚੇਟਕਈਆ॥	ਸਿੱਖਹਿ। ਚੇਟ-ਕਈਆ	Aasan Sidhh Sikhehi Bahuthaerae Man Maagehi Ridhh Sidhh Chaettak Chaettakeeaa ||	The Siddhas learn many Yogis postures, but their minds still yearn for riches, miraculous powers and energy.	ਹੇ ਭਾਈ! (ਜੋਗ-ਸਾਧਨਾਂ ਵਿਚ) ਪੁੱਗੇ ਹੋਏ ਜੋਗੀ ਅਨੇਕਾਂ ਆਸਣ ਸਿੱਖਦੇ ਹਨ {ਸ਼ੀਰਸ਼-ਆਸਣ, ਪਦਮ-ਆਸਣ ਆਦਿਕ}, ਪਰ ਉਹ ਭੀ ਆਪਣੇ ਮਨ ਵਿਚ ਕਰਾਮਾਤੀ ਤਾਕਤਾਂ ਤੇ ਨਾਟਕ-ਚੇਟਕ ਹੀ ਮੰਗਦੇ ਰਹਿੰਦੇ ਹਨ (ਜਿਨ੍ਹਾਂ ਨਾਲ ਉਹ ਆਮ ਜਨਤਾ ਉਤੇ ਆਪਣਾ ਪ੍ਰਭਾਵ ਪਾ ਸਕਣ)।
35575	835	ਤ੍ਰਿਪਤਿ ਸੰਤੋਖੁ ਮਨਿ ਸਾਂਤਿ ਨ ਆਵੈ ਮਿਲਿ ਸਾਧੂ ਤ੍ਰਿਪਤਿ ਹਰਿ ਨਾਮਿ ਸਿਧਿ ਪਈਆ॥੫॥		Thripath Santhokh Man Saanth N Aavai Mil Saadhhoo Thripath Har Naam Sidhh Peeaa ||5||	Satisfaction, contentment and tranquility do not come to their minds; but meeting the Holy Saints, they are satisfied, and through the Name of the Lord, spiritual perfection is attained. ||5||	(ਉਹਨਾਂ ਦੇ) ਮਨ ਵਿਚ ਮਾਇਆ ਵਲੋਂ ਤ੍ਰਿਪਤੀ ਨਹੀਂ ਹੁੰਦੀ, ਉਹਨਾਂ ਨੂੰ ਸੰਤੋਖ ਨਹੀਂ ਪ੍ਰਾਪਤ ਹੁੰਦਾ, ਮਨ ਵਿਚ ਸ਼ਾਂਤੀ ਨਹੀਂ ਆਉਂਦੀ। ਹਾਂ, ਗੁਰੂ ਨੂੰ ਮਿਲ ਕੇ ਪਰਮਾਤਮਾ ਦੇ ਨਾਮ ਦੀ ਰਾਹੀਂ ਮਨੁੱਖ ਤ੍ਰਿਪਤੀ ਹਾਸਲ ਕਰ ਲੈਂਦਾ ਹੈ, ਆਤਮਕ ਜੀਵਨ ਦੀ ਸਫਲਤਾ ਪ੍ਰਾਪਤ ਕਰ ਲੈਂਦਾ ਹੈ ॥੫॥
35576	835	ਅੰਡਜ ਜੇਰਜ ਸੇਤਜ ਉਤਭੁਜ ਸਭਿ ਵਰਨ ਰੂਪ ਜੀਅ ਜੰਤ ਉਪਈਆ॥	ਉ-ਪਈਆ	Anddaj Jaeraj Saethaj Outhabhuj Sabh Varan Roop Jeea Janth Oupeeaa ||	Life is born from the egg, from the womb, from sweat and from the earth; God created the beings and creatures of all colors and forms.	ਹੇ ਭਾਈ! ਅੰਡਿਆਂ ਵਿਚੋਂ ਜੰਮਣ ਵਾਲੇ, ਜਿਓਰ ਵਿਚੋਂ ਪੈਦਾ ਹੋਣ ਵਾਲੇ, ਮੁੜ੍ਹਕੇ ਵਿਚੋਂ ਜੰਮਣ ਵਾਲੇ, ਧਰਤੀ ਵਿਚੋਂ ਫੁੱਟਣ ਵਾਲੇ-ਇਹ ਸਾਰੇ ਅਨੇਕਾਂ ਰੂਪਾਂ ਰੰਗਾਂ ਦੇ ਜੀਅ-ਜੰਤ ਪਰਮਾਤਮਾ ਨੇ ਪੈਦਾ ਕੀਤੇ ਹੋਏ ਹਨ।

35577	835	ਸਾਧੂ ਸਰਣਿ ਪਰੈ ਸੋ ਉਬਰੈ ਖਤ੍ਰੀ ਬ੍ਰਾਹਮਣੁ ਸੂਦੁ ਵੈਸੁ ਚੰਡਾਲੁ ਚੰਡਈਆ॥੬॥	ਚੰ-ਡਈਆ	Saadhhoo Saran Parai So Oubarai Khathree Braahaman Soodh Vais Chanddaal Chanddeeaa ||6||	One who seeks the Sanctuary of the Holy is saved, whether he is a Kh'shaatriya, a Brahmin, a Soodra, a Vaishya or the most untouchable of the untouchables. ||6||	(ਇਹਨਾਂ ਵਿਚੋਂ ਜਿਹੜਾ ਜੀਵ) ਗੁਰੂ ਦੀ ਸਰਨ ਆ ਪੈਂਦਾ ਹੈ, ਉਹ (ਸੰਸਾਰ-ਸਮੁੰਦਰ ਤੋਂ) ਬਚ ਨਿਕਲਦਾ ਹੈ, ਚਾਹੇ ਉਹ ਖੱਤ੍ਰੀ ਹੈ ਚਾਹੇ ਬ੍ਰਾਹਮਣ ਹੈ, ਚਾਹੇ ਸ਼ੂਦਰ ਹੈ, ਚਾਹੇ ਵੈਸ਼ ਹੈ, ਚਾਹੇ ਮਹਾ ਚੰਡਾਲ ਹੈ ॥੬॥
35578	835	ਨਾਮਾ ਜੈਦੇਉ ਕੰਬੀਰੁ ਤ੍ਰਿਲੋਚਨੁ ਅਉਜਾਤਿ ਰਵਿਦਾਸੁ ਚਮਿਆਰੁ ਚਮਈਆ॥	ਚ-ਮਈਆ ਸਪੁੱਤ੍ਰ। ਅਉਜਾਤਿਨੀਚ-ਜਾਤ (੨. ਅਉ ਜਾਤਿ)	Naamaa Jaidhaeo Kanbeer Thrilochan Aoujaath Ravidhaas Chamiaar Chameeaa ||	Naam Dayv, Jai Dayv, Kabeer, Trilochan and Ravi Daas the low-caste leather-worker,	ਹੇ ਭਾਈ! ਨਾਮਦੇਵ, ਜੈਦੇਓ, ਕਬੀਰ, ਤ੍ਰਿਲੋਚਨ, ਨੀਵੀਂ ਜਾਤਿ ਵਾਲਾ ਰਵਿਦਾਸ ਚਮਾਰ,
35579	835	ਜੋ ਜੋ ਮਿਲੈ ਸਾਧੂ ਜਨ ਸੰਗਤਿ ਧਨੁ ਧੰਨਾ ਜਟੁ ਸੈਣੁ ਮਿਲਿਆ ਹਰਿ ਦਈਆ॥੭॥	ਦਈਆਪ੍ਰੇਰਕ ਵਾਹਿਗੁਰੂ	Jo Jo Milai Saadhhoo Jan Sangath Dhhan Dhhannaa Jatt Sain Miliaa Har Dheeaa ||7||	Blessed Dhanna and Sain; all those who joined the humble Saadh Sangat, met the Merciful Lord. ||7||	ਧੰਨਾ ਜੱਟ, ਸੈਣ (ਨਾਈ)- ਜਿਹੜਾ ਜਿਹੜਾ ਭੀ ਸੰਤ ਜਨਾਂ ਦੀ ਸੰਗਤਿ ਵਿਚ ਮਿਲਦਾ ਆਇਆ ਹੈ, ਉਹ ਭਾਗਾਂ ਵਾਲਾ ਬਣਦਾ ਗਿਆ, ਉਹ ਦਇਆ ਦੇ ਸੋਮੇ ਪਰਮਾਤਮਾ ਨੂੰ ਮਿਲ ਪਿਆ ॥੭॥

35580	835	ਸੰਤ ਜਨਾ ਕੀ ਹਰਿ ਪੈਜ ਰਖਾਈ ਭਗਤਿ ਵਛਲੁ ਅੰਗੀਕਾਰੁ ਕਰਈਆ॥	ਕ-ਰਈਆ	Santh Janaa Kee Har Paij Rakhaaee Bhagath Vashhal Angeekaar Kareeaa ||	The Lord protects the honor of His humble servants; He is the Lover of His devotees - He makes them His own.	(ਹੇ ਭਾਈ!) ਪਰਮਾਤਮਾ ਭਗਤੀ ਨਾਲ ਪਿਆਰ ਕਰਨ ਵਾਲਾ ਹੈ, ਆਪਣੇ ਸੰਤ ਜਨਾਂ ਦੀ ਸਦਾ ਲਾਜ ਰੱਖਦਾ ਆਇਆ ਹੈ, ਸੰਤ ਜਨਾਂ ਦਾ ਪੱਖ ਕਰਦਾ ਆਇਆ ਹੈ।
35581	835	ਨਾਨਕ ਸਰਣਿ ਪਰੇ ਜਗਜੀਵਨ ਹਰਿ ਹਰਿ ਕਿਰਪਾ ਧਾਰਿ ਰਖਈਆ॥੮॥੪॥੭॥	ਜੱਗਜੀਵਨ, ਰ-ਖਈਆ	Naanak Saran Parae Jagajeevan Har Har Kirapaa Dhhaar Rakheeaa ||8||4||7||	Nanak has entered the Sanctuary of the Lord, the Life of the world, who has showered His Mercy upon him, and saved him. ||8||||4||7||	ਹੇ ਨਾਨਕ! (ਆਖ-) ਜਿਹੜੇ ਮਨੁੱਖ ਜਗਤ ਦੇ ਜੀਵਨ ਪ੍ਰਭੂ ਦੀ ਸਰਨ ਪੈਂਦੇ ਹਨ, ਪ੍ਰਭੂ ਮਿਹਰ ਕਰ ਕੇ ਉਹਨਾਂ ਦੀ ਰੱਖਿਆ ਕਰਦਾ ਹੈ ॥੮॥੪॥੭॥
35582	835	ਬਿਲਾਵਲੁ ਮਹਲਾ ੪॥		Bilaaval Mehalaa 4 ||	Bilaaval, Fourth Mehl:	
35583	835	ਅੰਤਰਿ ਪਿਆਸ ਉਠੀ ਪ੍ਰਭ ਕੇਰੀ ਸੁਣਿ ਗੁਰ ਬਚਨ ਮਨਿ ਤੀਰ ਲਗਈਆ॥	ਲੱ-ਗਈਆ	Anthar Piaas Outhee Prabh Kaeree Sun Gur Bachan Man Theer Lageeaa ||	The thirst for God has welled up deep within me; hearing the Word of the Guru's Teachings, my mind is pierced by His arrow.	ਹੇ ਭਾਈ! ਗੁਰੂ ਦੇ ਬਚਨ ਸੁਣ ਕੇ (ਇਉਂ ਹੋਇਆ ਹੈ ਜਿਵੇਂ ਮੇਰੇ) ਮਨ ਵਿਚ (ਬਿਰਹੋਂ ਦੇ) ਤੀਰ ਵੱਜ ਗਏ ਹਨ, ਮੇਰੇ ਅੰਦਰ ਪ੍ਰਭੂ ਦੇ ਦਰਸਨ ਦੀ ਤਾਂਘ ਪੈਦਾ ਹੋ ਗਈ ਹੈ।

35584	836	ਮਨ ਕੀ ਬਿਰਥਾ ਮਨ ਹੀ ਜਾਣੈ ਅਵਰੁ ਕਿ ਜਾਣੈ ਕੋ ਪੀਰ ਪਰਈਆ॥੧॥	ਪ-ਰਈਆ	Man Kee Birathhaa Man Hee Jaanai Avar K Jaanai Ko Peer Pareeaa ||1||	The pain of my mind is known only to my own mind; who can know the pain of another? ||1||	ਹੇ ਭਾਈ! (ਮੇਰੇ) ਮਨ ਦੀ (ਇਸ ਵੇਲੇ ਦੀ) ਪੀੜਾ ਨੂੰ (ਮੇਰਾ ਆਪਣਾ) ਮਨ ਹੀ ਜਾਣਦਾ ਹੈ। ਕੋਈ ਹੋਰ ਪਰਾਈ ਪੀੜ ਨੂੰ ਕੀਹ ਜਾਣ ਸਕਦਾ ਹੈ? ॥੧॥
35585	836	ਰਾਮ ਗੁਰਿ ਮੋਹਨਿ ਮੋਹਿ ਮਨੁ ਲਈਆ॥		Raam Gur Mohan Mohi Man Leeaa ||	The Lord, the Guru, the Enticer, has enticed my mind.	ਹੇ (ਮੇਰੇ) ਰਾਮ! ਪਿਆਰੇ ਗੁਰੂ ਨੇ (ਮੇਰਾ) ਮਨ ਆਪਣੇ ਵੱਸ ਵਿਚ ਕਰ ਲਿਆ ਹੈ।
35586	836	ਹਉ ਆਕਲ ਬਿਕਲ ਭਈ ਗੁਰ ਦੇਖੇ ਹਉ ਲੋਟ ਪੋਟ ਹੋਇ ਪਈਆ॥੧॥ਰਹਾਉ ॥	ਆਕਲ ਬਿਕਲ:ਪੋਲਾ ਬੋਲੋ	Ho Aakal Bikal Bhee Gur Dhaekhae Ho Lott Pott Hoe Peeaa ||1|| Rehaao ||	I am stunned and amazed, gazing upon my Guru; I have entered the realm of wonder and bliss. ||1||Pause||	ਗੁਰੂ ਦਾ ਦਰਸਨ ਕਰ ਕੇ (ਹੁਣ) ਮੈਂ ਆਪਣੀ ਚਤੁਰਾਈ-ਸਿਆਣਪ ਗਵਾ ਬੈਠੀ ਹਾਂ, ਮੇਰਾ ਆਪਣਾ ਆਪ ਮੇਰੇ ਆਪਣੇ ਵੱਸ ਵਿਚ ਨਹੀਂ ਰਿਹਾ (ਮੇਰਾ ਮਨ ਅਤੇ ਮੇਰੇ ਗਿਆਨ-ਇੰਦ੍ਰੇ ਗੁਰੂ ਦੇ ਵੱਸ ਵਿਚ ਹੋ ਗਏ ਹਨ) ॥੧॥ ਰਹਾਉ ॥
35587	836	ਹਉ ਨਿਰਖਤ ਫਿਰਉ ਸਭਿ ਦੇਸ ਦਿਸੰਤਰ ਮੈ ਪ੍ਰਭ ਦੇਖਨ ਕੋ ਬਹੁਤੁ ਮਨਿ ਚਈਆ॥		Ho Nirakhath Firo Sabh Dhaes Dhisanthar Mai Prabh Dhaekhan Ko Bahuth Man Cheeaa ||	I wander around, exploring all lands and foreign countries; within my mind, I have such a great longing to see my God.	ਹੇ ਭਾਈ! (ਮੇਰੇ) ਮਨ ਵਿਚ ਪ੍ਰਭੂ ਦਾ ਦਰਸਨ ਕਰਨ ਦਾ ਬਹੁਤ ਚਾਉ ਪੈਦਾ ਹੋ ਚੁਕਾ ਹੈ, ਮੈਂ ਸਾਰੇ ਦੇਸਾਂ ਦੇਸਾਂਤਰਾਂ ਵਿਚ (ਉਸ ਨੂੰ) ਭਾਲਦੀ ਫਿਰਦੀ ਹਾਂ (ਸਾਂ)।

35588	836	ਮਨੁ ਤਨੁ ਕਾਟਿ ਦੇਉ ਗੁਰ ਆਗੈ ਜਿਨਿ ਹਰਿ ਪ੍ਰਭ ਮਾਰਗੁ ਪੰਥੁ ਦਿਖਈਆ॥੨॥	ਦਿ-ਖਈਆ	Man Than Kaatt Dhaeo Gur Aagai Jin Har Prabh Maarag Panthh Dhikheeaa ||2||	I sacrifice my mind and body to the Guru, who has shown me the Way, the Path to my Lord God. ||2||	ਜਿਸ (ਗੁਰੂ) ਨੇ (ਮੈਨੂੰ) ਪ੍ਰਭੂ (ਦੇ ਮਿਲਾਪ) ਦਾ ਰਸਤਾ ਵਿਖਾਲ ਦਿੱਤਾ ਹੈ, ਉਸ ਗੁਰੂ ਦੇ ਅੱਗੇ ਮੈਂ ਆਪਣਾ ਤਨ ਕੱਟ ਕੇ ਭੇਟਾ ਕਰ ਰਹੀ ਹਾਂ (ਆਪਣਾ ਆਪ ਗੁਰੂ ਦੇ ਹਵਾਲੇ ਕਰ ਰਹੀ ਹਾਂ) ॥੨॥
35589	836	ਕੋਈ ਆਣਿ ਸਦੇਸਾ ਦੇਇ ਪ੍ਰਭ ਕੇਰਾ ਰਿਦ ਅੰਤਰਿ ਮਨਿ ਤਨਿ ਮੀਠ ਲਗਈਆ॥	ਲੱ-ਗਈਆ	Koee Aan Sadhaesaa Dhaee Prabh Kaeraa Ridh Anthar Man Than Meeth Lageeaa ||	If only someone would bring me news of God; He seems so sweet to my heart, mind and body.	ਹੇ ਭਾਈ! (ਹੁਣ ਜੇ) ਕੋਈ ਪ੍ਰਭੂ ਦਾ ਸੁਨੇਹਾ ਲਿਆ ਕੇ (ਮੈਨੂੰ) ਦੇਂਦਾ ਹੈ, ਤਾਂ ਉਹ ਮੇਰੇ ਹਿਰਦੇ ਵਿਚ ਮੇਰੇ ਮਨ ਵਿਚ ਮੇਰੇ ਤਨ ਵਿਚ ਪਿਆਰਾ ਲੱਗਦਾ ਹੈ।
35590	836	ਮਸਤਕੁ ਕਾਟਿ ਦੇਉ ਚਰਣਾ ਤਲਿ ਜੋ ਹਰਿ ਪ੍ਰਭੁ ਮੇਲੇ ਮੇਲਿ ਮਿਲਈਆ॥੩॥	ਮਿ-ਲਈਆ	Masathak Kaatt Dhaeo Charanaa Thal Jo Har Prabh Maelae Mael Mileeaa ||3||	I would cut off my head and place it under the feet of that one who leads me to meet and unite with my Lord God. ||3||	ਹੇ ਭਾਈ! ਜਿਹੜਾ ਕੋਈ ਸੱਜਣ ਮੈਨੂੰ ਪ੍ਰਭੂ ਮਿਲਾਂਦਾ ਹੈ, ਮੈਂ ਆਪਣਾ ਸਿਰ ਕੱਟ ਕੇ ਉਸ ਦੇ ਪੈਰਾਂ ਹੇਠ ਰੱਖਣ ਨੂੰ ਤਿਆਰ ਹਾਂ ॥੩॥

35591	836	ਚਲੁ ਚਲੁ ਸਖੀ ਹਮ ਪ੍ਰਭੁ ਪਰਬੋਧਹ ਗੁਣ ਕਾਮਣ ਕਰਿ ਹਰਿ ਪ੍ਰਭੁ ਲਹੀਆ॥		Chal Chal Sakhee Ham Prabh Parabodhheh Gun Kaaman Kar Har Prabh Leheeaa ||	Let us go, O my companions, and understand our God; with the spell of virtue, let us obtain our Lord God.	ਹੇ ਸਖੀ! ਆ ਤੁਰ, ਹੇ ਸਖੀ! ਆ ਤੁਰ, ਅਸੀਂ (ਚੱਲ ਕੇ) ਪ੍ਰਭੂ (ਦੇ ਪਿਆਰ) ਨੂੰ ਹਿਲੂਣਾ ਦੇਈਏ, (ਆਤਮਕ) ਗੁਣਾਂ ਦੇ ਕਾਮਣ ਪਾ ਕੇ ਉਸ ਪ੍ਰਭੂ-ਪਤੀ ਨੂੰ ਵੱਸ ਵਿਚ ਕਰੀਏ।
35592	836	ਭਗਤਿ ਵਛਲੁ ਉਆ ਕੋ ਨਾਮੁ ਕਹੀਅਤੁ ਹੈ ਸਰਣਿ ਪ੍ਰਭੂ ਤਿਸੁ ਪਾਛੈ ਪਈਆ॥੪॥		Bhagath Vashhal Ouaa Ko Naam Keheeath Hai Saran Prabhoo This Paashhai Peeaa ||4||	He is called the Lover of His devotees; let us follow in the footsteps of those who seek God's Sanctuary. ||4||	'ਭਗਤੀ ਨਾਲ ਪਿਆਰ ਕਰਨ ਵਾਲਾ'-ਇਹ ਉਸ ਦਾ ਨਾਮ ਕਿਹਾ ਜਾਂਦਾ ਹੈ (ਹੇ ਸਖੀ! ਆ) ਉਸ ਦੀ ਸਰਨ ਪੈ ਜਾਈਏ, ਉਸ ਦੇ ਦਰ ਤੇ ਡਿੱਗ ਪਈਏ ॥੪॥
35593	836	ਖਿਮਾ ਸੀਗਾਰ ਕਰੇ ਪ੍ਰਭ ਖੁਸੀਆ ਮਨਿ ਦੀਪਕ ਗੁਰ ਗਿਆਨੁ ਬਲਈਆ॥	ਬ-ਲਈਆ	Khimaa Seegaar Karae Prabh Khuseeaa Man Dheepak Gur Giaan Baleeaa ||	If the soul-bride adorns herself with compassion and forgiveness, God is pleased, and her mind is illumined with the lamp of the Guru's wisdom.	ਹੇ ਸਹੇਲੀਏ! ਜਿਹੜੀ ਜੀਵ-ਇਸਤ੍ਰੀ ਖਿਮਾ ਵਾਲੇ ਸੁਭਾਵ ਨੂੰ ਆਪਣੇ ਆਤਮਕ ਜੀਵਨ ਦੀ ਸਜਾਵਟ ਬਣਾਂਦੀ ਹੈ, ਜਿਹੜੀ ਆਪਣੇ ਮਨ ਵਿਚ ਗੁਰੂ ਤੋਂ ਮਿਲੀ ਆਤਮਕ ਜੀਵਨ ਦੀ ਸੂਝ (ਦਾ) ਦੀਵਾ ਜਗਾਂਦੀ ਹੈ,

35594	836	ਰਸਿ ਰਸਿ ਭੋਗ ਕਰੇ ਪ੍ਰਭੁ ਮੇਰਾ ਹਮ ਤਿਸੁ ਆਗੈ ਜੀਉ ਕਟਿ ਕਟਿ ਪਈਆ॥੫॥		Ras Ras Bhog Karae Prabh Maeraa Ham This Aagai Jeeo Katt Katt Peeaa ||5||	With happiness and ecstasy, my God enjoys her; I offer each and every bit of my soul to Him. ||5||	ਪ੍ਰਭੂ-ਪਤੀ ਉਸ ਉਤੇ ਪ੍ਰਸੰਨ ਹੋ ਜਾਂਦਾ ਹੈ। ਪ੍ਰਭੂ ਉਸ ਦੇ ਆਤਮਕ ਮਿਲਾਪ ਨੂੰ ਬੜੇ ਆਨੰਦ ਨਾਲ ਮਾਣਦਾ ਹੈ। ਹੇ ਸਹੇਲੀ! ਮੈਂ ਉਸ ਪ੍ਰਭੂ-ਪਤੀ ਦੇ ਅੱਗੇ ਆਪਣੀ ਜਿੰਦ ਮੁੜ ਮੁੜ ਵਾਰਨੇ ਕਰਨ ਨੂੰ ਤਿਆਰ ਹਾਂ ॥੫॥
35595	836	ਹਰਿ ਹਰਿ ਹਾਰੁ ਕੰਠਿ ਹੈ ਬਨਿਆ ਮਨੁ ਮੋਤੀਚੂਰੁ ਵਡ ਗਹਨ ਗਹਨਈਆ॥	(ਮੋਤੀਚੂਰੁ)ਮੱਥੇ ਦਾ ਗਹਿਣਾ।ਗਹ–ਨਈਆ	Har Har Haar Kanth Hai Baniaa Man Motheechoor Vadd Gehan Gehaneeaa ||	I have made the Name of the Lord, Har, Har, my necklace; my mind tinged with devotion is the intricate ornament of crowning glory.	ਹੇ ਸਹੇਲੀਏ! ਪਰਮਾਤਮਾ ਦੇ ਨਾਮ (ਦੀ ਸੁਆਸ ਸੁਆਸ ਯਾਦ) ਦਾ ਹਾਰ ਮੈਂ (ਆਪਣੇ) ਗਲ ਵਿਚ ਪਾ ਲਿਆ ਹੈ (ਯਾਦ ਦੀ ਬਰਕਤ ਨਾਲ ਸੁੰਦਰ ਹੋ ਚੁਕਿਆ ਆਪਣਾ) ਮਨ ਮੈਂ ਸਭ ਤੋਂ ਵੱਡਾ ਮੋਤੀਚੂਰ ਗਹਿਣਾ ਬਣਾ ਲਿਆ ਹੈ।
35596	836	ਹਰਿ ਹਰਿ ਸਰਧਾ ਸੇਜ ਵਿਛਾਈ ਪ੍ਰਭੁ ਛੋਡਿ ਨ ਸਕੈ ਬਹੁਤੁ ਮਨਿ ਭਈਆ॥੬॥		Har Har Saradhhaa Saej Vishhaaee Prabh Shhodd N Sakai Bahuth Man Bheeaa ||6||	I have spread out my bed of faith in the Lord, Har, Har. I cannot abandon Him - my mind is filled with such a great love for Him. ||6||	ਹਰਿ-ਨਾਮ ਦੀ ਸਰਧਾ ਦੀ ਮੈਂ (ਆਪਣੇ ਹਿਰਦੇ ਵਿਚ) ਸੇਜ ਵਿਛਾ ਦਿੱਤੀ ਹੈ, ਮੇਰੇ ਮਨ ਵਿਚ ਉਹ ਪ੍ਰਭੂ-ਪਤੀ ਬਹੁਤ ਪਿਆਰਾ ਲੱਗ ਰਿਹਾ ਹੈ (ਹੁਣ ਤੈਨੂੰ ਯਕੀਨ ਹੈ ਕਿ ਉਹ) ਪ੍ਰਭੂ-ਪਤੀ ਮੈਨੂੰ ਛੱਡ ਨਹੀਂ ਸਕਦਾ ॥੬॥

35597	836	ਕਹੈ ਪ੍ਰਭੁ ਅਵਰੁ ਅਵਰੁ ਕਿਛੁ ਕੀਜੈ ਸਭੁ ਬਾਦਿ ਸੀਗਾਰੁ ਫੋਕਟ ਫੋਕਟਈਆ॥	ਫੋਕ-ਟਈਆ	Kehai Prabh Avar Avar Kishh Keejai Sabh Baadh Seegaar Fokatt Fokatteeaa ||	If God says one thing, and the soul-bride does something else, then all her decorations are useless and false.	ਹੇ ਸਹੇਲੀਏ! (ਜੇ) ਪ੍ਰਭੂ-ਪਤੀ ਕੁਝ ਹੋਰ ਆਖਦਾ ਰਹੇ, ਤੇ, (ਜੀਵ-ਇਸਤ੍ਰੀ) ਕੁਝ ਹੋਰ ਕਰਦੀ ਰਹੇ, ਤਾਂ (ਉਸ ਜੀਵ-ਇਸਤ੍ਰੀ ਦਾ) ਸਾਰਾ ਸਿੰਗਾਰ (ਸਾਰਾ ਧਾਰਮਿਕ ਉੱਦਮ) ਵਿਅਰਥ ਚਲਾ ਜਾਂਦਾ ਹੈ, ਬਿਲਕੁਲ ਫੋਕਾ ਬਣ ਜਾਂਦਾ ਹੈ।
35598	836	ਕੀਓ ਸੀਗਾਰੁ ਮਿਲਣ ਕੈ ਤਾਈ ਪ੍ਰਭੁ ਲੀਓ ਸੁਹਾਗਨਿ ਥੂਕ ਮੁਖਿ ਪਈਆ॥੭॥	ਤਾਂਈਂ	Keeou Seegaar Milan Kai Thaaee Prabh Leeou Suhaagan Thhook Mukh Peeaa ||7||	She may adorn herself to meet her Husband Lord, but still, only the virtuous soul-bride meets God, and the other's face is spat upon. ||7||	(ਉਸ ਦੇ) ਮੂੰਹ ਉਤੇ ਤਾਂ ਥੁੱਕਾਂ ਹੀ ਪਈਆਂ, ਉਸ ਪ੍ਰਭੂ ਨੇ ਤਾਂ (ਕਿਸੇ ਹੋਰ) ਸੁਹਾਗਣ ਨੂੰ ਆਪਣੀ ਬਣਾ ਲਿਆ ॥੭॥
35599	836	ਹਮ ਚੇਰੀ ਤੂ ਅਗਮ ਗੁਸਾਈ ਕਿਆ ਹਮ ਕਰਹ ਤੇਰੈ ਵਸਿ ਪਈਆ॥	ਗੁਸਾਂਈਂ ਵੱਸਿ	Ham Chaeree Thoo Agam Gusaaee Kiaa Ham Kareh Thaerai Vas Peeaa ||	I am Your hand-maiden, O Inaccessible Lord of the Universe; what can I do by myself? I am under Your power.	ਹੇ ਪ੍ਰਭੂ! ਅਸੀਂ ਤੇਰੀਆਂ ਦਾਸੀਆਂ ਹਾਂ, ਤੂੰ ਅਪਹੁੰਚ ਤੇ ਧਰਤੀ ਦਾ ਖਸਮ ਹੈਂ। ਅਸੀਂ ਜੀਵ-ਇਸਤ੍ਰੀਆਂ (ਤੇਰੇ ਹੁਕਮ ਤੋਂ ਬਾਹਰ) ਕੁਝ ਨਹੀਂ ਕਰ ਸਕਦੀਆਂ, ਅਸੀਂ ਤਾਂ ਸਦਾ ਤੇਰੇ ਵੱਸ ਵਿਚ ਹਾਂ।

35600	836	ਦਇਆ ਦੀਨ ਕਰਹੁ ਰਖਿ ਲੇਵਹੁ ਨਾਨਕ ਹਰਿ ਗੁਰ ਸਰਣਿ ਸਮਈਆ ॥੮॥੫॥੮॥	ਸ-ਮਈਆ	Dhaeiaa Dheen Karahu Rakh Laevahu Naanak Har Gur Saran Sameeaa ||8||5||8||	Be merciful, Lord, to the meek, and save them; Nanak has entered the Sanctuary of the Lord, and the Guru. ||8||5||8||	ਹੇ ਨਾਨਕ! (ਆਖ-) ਹੇ ਹਰੀ! ਅਸਾਂ ਕੰਗਾਲਾਂ ਉਤੇ ਮਿਹਰ ਕਰ, ਸਾਨੂੰ ਆਪਣੇ ਚਰਨਾਂ ਵਿਚ ਰੱਖ, ਸਾਨੂੰ ਗੁਰੂ ਦੀ ਸਰਨ ਵਿਚ ਸਮਾਈ ਦੇਈ ਰੱਖ ॥੮॥੫॥੮॥
35601	836	ਬਿਲਾਵਲੁ ਮਹਲਾ ੪॥		Bilaaval Mehalaa 4 ||	Bilaaval, Fourth Mehl:	
35602	836	ਮੈ ਮਨਿ ਤਨਿ ਪ੍ਰੇਮੁ ਅਗਮ ਠਾਕੁਰ ਕਾ ਖਿਨੁ ਖਿਨੁ ਸਰਧਾ ਮਨਿ ਬਹੁਤੁ ਉਠਈਆ॥	ਉ-ਠਈਆ	Mai Man Than Praem Agam Thaakur Kaa Khin Khin Saradhhaa Man Bahuth Outheeaa ||	My mind and body are filled with love for my Inaccessible Lord and Master. Each and every instant, I am filled with immense faith and devotion.	ਹੇ ਸਹੇਲੀਏ! ਮੇਰੇ ਮਨ ਵਿਚ, ਮੇਰੇ ਤਨ ਵਿਚ, ਅਪਹੁੰਚ ਮਾਲਕ-ਪ੍ਰਭੂ ਦਾ ਪਿਆਰ ਪੈਦਾ ਹੋ ਚੁਕਾ ਹੈ, ਮੇਰੇ ਮਨ ਵਿਚ ਘੜੀ ਘੜੀ ਉਸ ਦੇ ਮਿਲਾਪ ਦੀ ਤੀਬਰ ਤਾਂਘ ਪੈਦਾ ਹੋ ਰਹੀ ਹੈ।
35603	836	ਗੁਰ ਦੇਖੇ ਸਰਧਾ ਮਨ ਪੂਰੀ ਜਿਉ ਚਾਤ੍ਰਿਕ ਪ੍ਰਿਉ ਪ੍ਰਿਉ ਬੂੰਦ ਮੁਖਿ ਪਈਆ॥੧॥		Gur Dhaekhae Saradhhaa Man Pooree Jio Chaathrik Prio Prio Boondh Mukh Peeaa ||1||	Gazing upon the Guru, my mind's faith is fulfilled, like the song-bird, which cries and cries, until the rain-drop falls into its mouth. ||1||	ਹੇ ਸਹੇਲੀਏ! ਗੁਰੂ ਦਾ ਦਰਸਨ ਕਰ ਕੇ ਮਨ ਦੀ ਇਹ ਤਾਂਘ ਪੂਰੀ ਹੁੰਦੀ ਹੈ, ਜਿਵੇਂ 'ਪ੍ਰਿਉ ਪ੍ਰਿਉ' ਕੂਕਦੇ ਪਪੀਹੇ ਦੇ ਮੂੰਹ ਵਿਚ (ਵਰਖਾ ਦੀ) ਬੂੰਦ ਪੈ ਜਾਂਦੀ ਹੈ ॥੧॥

35604	836	ਮਿਲੁ ਮਿਲੁ ਸਖੀ ਹਰਿ ਕਥਾ ਸੁਨਈਆ॥	ਸੁ-ਨਈਆ	Mil Mil Sakhee Har Kathhaa Suneeaa ||	Join with me, join with me, O my companions, and teach me the Sermon of the Lord.	ਹੇ ਸਹੇਲੀਏ! ਆ, ਇਕੱਠੀਆਂ ਬੈਠੀਏ, ਇਕੱਠੀਆਂ ਬੈਠੀਏ, (ਤੇ, ਬੈਠ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣੀਏ।
35605	836	ਸਤਿਗੁਰੁ ਦਇਆ ਕਰੇ ਪ੍ਰਭੁ ਮੇਲੇ ਮੈ ਤਿਸੁ ਆਗੈ ਸਿਰੁ ਕਟਿ ਕਟਿ ਪਈਆ॥੧॥ਰਹਾਉ ॥		Sathigur Dhaeiaa Karae Prabh Maelae Mai This Aagai Sir Katt Katt Peeaa ||1|| Rehaao ||	The True Guru has mercifully united me with God. Cutting off my head, and chopping it into pieces, I offer it to Him. ||1||Pause||	ਜਿਸ ਉੱਤੇ ਗੁਰੂ ਮਿਹਰ ਕਰਦਾ ਹੈ, ਉਸ ਨੂੰ ਪ੍ਰਭੂ (ਨਾਲ) ਮਿਲਾ ਦੇਂਦਾ ਹੈ। ਉਸ (ਗੁਰੂ) ਅੱਗੇ ਮੇਰਾ ਸਿਰ ਮੁੜ ਮੁੜ ਕੁਰਬਾਨ ਹੁੰਦਾ ਹੈ ॥੧॥ ਰਹਾਉ ॥
35606	836	ਰੋਮਿ ਰੋਮਿ ਮਨਿ ਤਨਿ ਇਕ ਬੇਦਨ ਮੈ ਪ੍ਰਭ ਦੇਖੇ ਬਿਨੁ ਨੀਦ ਨ ਪਈਆ॥		Rom Rom Man Than Eik Baedhan Mai Prabh Dhaekhae Bin Needh N Peeaa ||	Each and every hair on my head, and my mind and body, suffer the pains of separation; without seeing my God, I cannot sleep.	ਹੇ ਸਹੇਲੀਏ! ਮੇਰੇ ਹਰੇਕ ਰੋਮ ਵਿਚ, ਮੇਰੇ ਮਨ ਵਿਚ, ਮੇਰੇ ਤਨ ਵਿਚ (ਪ੍ਰਭੂ ਤੋਂ ਵਿਛੋੜੇ ਦੀ) ਪੀੜ ਹੈ, ਪ੍ਰਭੂ ਦਾ ਦਰਸਨ ਕਰਨ ਤੋਂ ਬਿਨਾ ਮੈਨੂੰ ਸ਼ਾਂਤੀ ਨਹੀਂ ਹੁੰਦੀ।
35607	836	ਬੈਦਕ ਨਾਟਿਕ ਦੇਖਿ ਭੁਲਾਨੇ ਮੈ ਹਿਰਦੈ ਮਨਿ ਤਨਿ ਪ੍ਰੇਮ ਪੀਰ ਲਗਈਆ॥੨॥	ਲੱ-ਗਈਆ	Baidhak Naattik Dhaekh Bhulaanae Mai Hiradhai Man Than Praem Peer Lageeaa ||2||	The doctors and healers look at me, and are perplexed. Within my heart, mind and body, I feel the pain of divine love. ||2||	ਹਕੀਮ (ਮੇਰੀ) ਨਬਜ਼ ਵੇਖ ਕੇ (ਹੀ) ਗ਼ਲਤੀ ਖਾ ਜਾਂਦੇ ਹਨ, ਮੇਰੇ ਹਿਰਦੇ ਵਿਚ, ਮੇਰੇ ਮਨ ਵਿਚ, ਮੇਰੇ ਤਨ ਵਿਚ, ਤਾਂ ਪ੍ਰਭੂ-ਪਿਆਰ ਦੀ ਪੀੜ ਉਠ ਰਹੀ ਹੈ ॥੨॥

35608	836	ਹਉ ਖਿਨੁ ਪਲੁ ਰਹਿ ਨ ਸਕਉ ਬਿਨੁ ਪ੍ਰੀਤਮ ਜਿਉ ਬਿਨੁ ਅਮਲੈ ਅਮਲੀ ਮਰਿ ਗਈਆ॥		Ho Khin Pal Rehi N Sako Bin Preetham Jio Bin Amalai Amalee Mar Geeaa ||	I cannot live for a moment, for even an instant, without my Beloved, like the opium addict who cannot live without opium.	ਹੇ ਸਹੇਲੀਏ! ਜਿਵੇਂ ਕੋਈ ਨਸ਼ਈ ਮਨੁੱਖ ਨਸ਼ੇ ਤੋਂ ਬਿਨਾ ਮਰਨ-ਹਾਕਾ ਹੋ ਜਾਂਦਾ ਹੈ, ਤਿਵੇਂ ਮੈਂ ਪ੍ਰੀਤਮ-ਪ੍ਰਭੂ ਦੇ ਮਿਲਾਪ ਤੋਂ ਬਿਨਾ ਇਕ ਖਿਨ ਇਕ ਪਲ ਭੀ ਨਹੀਂ ਰਹਿ ਸਕਦੀ।
35609	836	ਜਿਨ ਕਉ ਪਿਆਸ ਹੋਇ ਪ੍ਰਭ ਕੇਰੀ ਤਿਨ੍ ਅਵਰੁ ਨ ਭਾਵੈ ਬਿਨੁ ਹਰਿ ਕੋ ਦੁਈਆ॥੩॥		Jin Ko Piaas Hoe Prabh Kaeree Thinh Avar N Bhaavai Bin Har Ko Dhueeaa ||3||	Those who thirst for God, do not love any other. Without the Lord, there is no other at all. ||3||	ਹੇ ਸਹੇਲੀਏ! ਜਿਨ੍ਹਾਂ ਜੀਵ-ਇਸਤ੍ਰੀਆਂ ਨੂੰ ਪ੍ਰਭੂ-ਪਤੀ ਦੇ ਮਿਲਾਪ ਦੀ ਤਾਂਘ ਹੁੰਦੀ ਹੈ, ਉਹਨਾਂ ਨੂੰ ਪ੍ਰਭੂ ਤੋਂ ਬਿਨਾ ਕੋਈ ਹੋਰ ਦੂਜਾ ਚੰਗਾ ਨਹੀਂ ਲੱਗਦਾ ॥੩॥
35610	836	ਕੋਈ ਆਨਿ ਆਨਿ ਮੇਰਾ ਪ੍ਰਭੂ ਮਿਲਾਵੈ ਹਉ ਤਿਸੁ ਵਿਟਹੁ ਬਲਿ ਬਲਿ ਘੁਮਿ ਗਈਆ॥		Koee Aan Aan Maeraa Prabhoo Milaavai Ho This Vittahu Bal Bal Ghum Geeaa ||	If only someone would come and unite me with God; I am devoted, dedicated, a sacrifice to him.	ਹੇ ਸਹੇਲੀਏ! ਜੇ ਕੋਈ ਆ ਕੇ ਮੈਨੂੰ ਮੇਰਾ ਪਿਆਰਾ ਪ੍ਰਭੂ ਮਿਲਾ ਦੇਵੇ, ਤਾਂ ਮੈਂ ਉਸ ਤੋਂ ਸਦਕੇ ਕੁਰਬਾਨ ਜਾਂਦੀ ਹਾਂ।

35611	836	ਅਨੇਕ ਜਨਮ ਕੇ ਵਿਛੁੜੇ ਜਨ ਮੇਲੇ ਜਾ ਸਤਿ ਸਤਿ ਸਤਿਗੁਰ ਸਰਣਿ ਪਵਈਆ॥੪॥	ਪ-ਵਈਆ	Anaek Janam Kae Vishhurrae Jan Maelae Jaa Sath Sath Sathigur Saran Paveeaa ||4||	After being separated from the Lord for countless incarnations, I am re-united with Him, entering the Sanctuary of the True, True, True Guru. ||4||	ਹੇ ਸਹੇਲੀਏ! ਜਦੋਂ ਸਤਿਗੁਰੂ ਦੀ ਸਰਨ ਪਈਦਾ ਹੈ, ਤਾਂ ਸਤਿਗੁਰੂ ਅਨੇਕਾਂ ਜਨਮਾਂ ਦੇ ਵਿਛੁੜਿਆਂ ਨੂੰ (ਪ੍ਰਭੂ ਨਾਲ) ਮਿਲਾ ਦੇਂਦਾ ਹੈ ॥੪॥
35612	837	ਸੇਜ ਏਕ ਏਕੋ ਪ੍ਰਭੁ ਠਾਕੁਰੁ ਮਹਲੁ ਨ ਪਾਵੈ ਮਨਮੁਖ ਭਰਮਈਆ॥	ਭਰ-ਮਈਆ	Saej Eaek Eaeko Prabh Thaakur Mehal N Paavai Manamukh Bharameeaa ||	There is one bed for the soul-bride, and the same bed for God, her Lord and Master. The self-willed manmukh does not obtain the Mansion of the Lord's Presence; she wanders around, in limbo.	ਹੇ ਸਹੇਲੀਏ! (ਜੀਵ-ਇਸਤ੍ਰੀ ਦੀ) ਇਕੋ ਹਿਰਦਾ-ਸੇਜ ਹੈ ਜਿਸ ਉਤੇ ਠਾਕੁਰ-ਪ੍ਰਭੂ ਆਪ ਹੀ ਵੱਸਦਾ ਹੈ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ (ਪ੍ਰਭੂ-ਪਤੀ ਦਾ) ਟਿਕਾਣਾ ਨਹੀਂ ਲੱਭ ਸਕਦੀ, ਉਹ ਭਟਕਦੀ ਹੀ ਫਿਰਦੀ ਹੈ।
35613	837	ਗੁਰੁ ਗੁਰੁ ਕਰਤ ਸਰਣਿ ਜੇ ਆਵੈ ਪ੍ਰਭੁ ਆਇ ਮਿਲੈ ਖਿਨੁ ਢੀਲ ਨ ਪਈਆ॥੫॥		Gur Gur Karath Saran Jae Aavai Prabh Aae Milai Khin Dteel N Peeaa ||5||	Uttering, "Guru, Guru", she seeks His Sanctuary; so God comes to meet her, without a moment's delay. ||5||	ਜੇ ਉਹ 'ਗੁਰ ਗੁਰੂ' ਕਰਦੀ ਗੁਰੂ ਦੀ ਸਰਨ ਆ ਪਏ, ਤਾਂ ਪ੍ਰਭੂ ਆ ਕੇ ਉਸ ਨੂੰ ਮਿਲ ਪੈਂਦਾ ਹੈ, ਰਤਾ ਭੀ ਚਿਰ ਨਹੀਂ ਲੱਗਦਾ ॥੫॥

35614	837	ਕਰਿ ਕਰਿ ਕਿਰਿਆਚਾਰ ਵਧਾਏ ਮਨਿ ਪਾਖੰਡ ਕਰਮੁ ਕਪਟ ਲੋਭਈਆ॥	ਲੋ-ਭਈਆ	Kar Kar Kiriaachaar Vadhhaaeae Man Paakhandd Karam Kapatt Lobheeaa ||	One may perform many rituals, but the mind is filled with hypocrisy, evil deeds and greed.	ਪਰ ਜੇ ਕੋਈ ਮਨੁੱਖ (ਗੁਰੂ ਦਾ ਆਸਰਾ ਛੱਡ ਕੇ, ਹਰਿ-ਨਾਮ ਦਾ ਸਿਮਰਨ ਭੁਲਾ ਕੇ) ਮੁੜ ਮੁੜ (ਤੀਰਥ-ਜਾਤ੍ਰਾ ਆਦਿਕ ਦੇ ਮਿੱਥੇ ਹੋਏ ਧਾਰਮਿਕ ਕਰਮ) ਕਰ ਕੇ ਇਹਨਾਂ ਕਰਮ ਕਾਂਡੀ ਕਰਮਾਂ ਨੂੰ ਹੀ ਵਧਾਂਦਾ ਜਾਏ, ਤਾਂ ਉਸ ਦੇ ਮਨ ਵਿਚ ਲੋਭ ਵਲ-ਛਲ ਵਿਖਾਵੇ ਆਦਿਕ ਦਾ ਕਰਮ ਹੀ ਟਿਕਿਆ ਰਹੇਗਾ (ਖਸਮ-ਪ੍ਰਭੂ ਦਾ ਮਿਲਾਪ ਨਹੀਂ ਹੋਵੇਗਾ)।
35615	837	ਬੇਸੁਆ ਕੈ ਘਰਿ ਬੇਟਾ ਜਨਮਿਆ ਪਿਤਾ ਤਾਹਿ ਕਿਆ ਨਾਮੁ ਸਦਈਆ॥੬॥	ਸ-ਦਈਆ	Baesuaa Kai Ghar Baettaa Janamiaa Pithaa Thaahi Kiaa Naam Sadheeaa ||6||	When a son is born in the house of a prostitute, who can tell the name of his father? ||6||	ਬਜ਼ਾਰੀ ਔਰਤ ਦੇ ਘਰ ਜੇ ਪੁੱਤਰ ਜੰਮ ਪਏ, ਤਾਂ ਉਸ ਪੁੱਤਰ ਦੇ ਪਿਉ ਦਾ ਕੋਈ ਨਾਮ ਨਹੀਂ ਦੱਸਿਆ ਜਾ ਸਕਦਾ ॥੬॥
35616	837	ਪੂਰਬ ਜਨਮਿ ਭਗਤਿ ਕਰਿ ਆਏ ਗੁਰਿ ਹਰਿ ਹਰਿ ਹਰਿ ਹਰਿ ਹਰਿ ਭਗਤਿ ਜਮਈਆ॥	ਜ-ਮਈਆ	Poorab Janam Bhagath Kar Aaeae Gur Har Har Har Har Bhagath Jameeaa ||	Because of devotional worship in my past incarnations, I have been born into this life. The Guru has inspired me to worship the Lord, Har, Har, Har, Har.	ਹੇ ਭਾਈ! (ਜਿਹੜੇ ਮਨੁੱਖ) ਪੂਰਬਲੇ ਜਨਮ ਵਿਚ (ਪਰਮਾਤਮਾ ਦੀ) ਭਗਤੀ ਕਰ ਕੇ (ਹੁਣ ਮਨੁੱਖਾ ਜਨਮ ਵਿਚ) ਆਏ ਹਨ, ਗੁਰੂ ਨੇ (ਉਹਨਾਂ ਦੇ ਅੰਦਰ) ਹਰ ਵੇਲੇ ਭਗਤੀ ਕਰਨ ਦਾ ਬੀਜ ਬੀਜ ਦਿੱਤਾ ਹੈ।

35617	837	ਭਗਤਿ ਭਗਤਿ ਕਰਤੇ ਹਰਿ ਪਾਇਆ ਜਾ ਹਰਿ ਹਰਿ ਹਰਿ ਹਰਿ ਨਾਮਿ ਸਮਈਆ॥੭॥		Bhagath Bhagath Karathae Har Paaeiaa Jaa Har Har Har Har Naam Sameeaa ||7||	Worshipping, worshipping Him with devotion, I found the Lord, and then I merged into the Name of the Lord, Har, Har, Har, Har. ||7||	ਜਦੋਂ ਉਹ ਹਰ ਵੇਲੇ ਹਰਿ-ਨਾਮ ਸਿਮਰਦਿਆਂ ਸਿਮਰਦਿਆਂ ਹਰਿ-ਨਾਮ ਵਿਚ ਲੀਨ ਹੋ ਗਏ, ਤਦੋਂ ਹਰ ਵੇਲੇ ਭਗਤੀ ਕਰਦਿਆਂ ਉਹਨਾਂ ਨੂੰ ਪਰਮਾਤਮਾ ਦਾ ਮਿਲਾਪ ਹੋ ਗਿਆ ॥੭॥

35618	837	ਪ੍ਰਭਿ ਆਨਿ ਆਨਿ ਮਹਿੰਦੀ ਪੀਸਾਈ ਆਪੇ ਘੋਲਿ ਘੋਲਿ ਅੰਗਿ ਲਈਆ॥		Prabh Aan Aan Mehindhee Peesaaee Aapae Ghol Ghol Ang Leeaa ||	God Himself came and ground the henna leaves into powder, and applied it to my body.	(ਪਰ, ਹੇ ਭਾਈ! ਪਰਮਾਤਮਾ ਦੀ ਭਗਤੀ ਕਰਨਾ ਜੀਵ ਦੇ ਆਪਣੇ ਇਖ਼ਤਿਆਰ ਦੀ ਗੱਲ ਨਹੀਂ ਹੈ। ਇਹ ਘਾਲ-ਕਮਾਈ ਪ੍ਰਭੂ ਦੀ ਮਿਹਰ ਨਾਲ ਹੀ ਹੋ ਸਕਦੀ ਹੈ। ਪ੍ਰਭੂ ਦੀ ਭਗਤੀ ਕਰਨੀ, ਮਾਨੋ, ਮਹਿੰਦੀ ਨੂੰ ਪੀਸਣ ਸਮਾਨ ਹੈ। ਇਸਤ੍ਰੀ ਮਹਿੰਦੀ ਨੂੰ ਆਪ ਹੀ ਪੀਂਹਦੀ ਹੈ, ਆਪ ਹੀ ਘਸਾਂਦੀ ਹੈ, ਤੇ ਆਪ ਹੀ ਉਸ ਨੂੰ ਆਪਣੇ ਹੱਥਾਂ-ਪੈਰਾਂ ਤੇ ਲਾਂਦੀ ਹੈ। ਉਹ ਆਪ ਹੀ ਮਹਿੰਦੀ ਨੂੰ ਇਸ ਯੋਗ ਬਣਾਂਦੀ ਹੈ ਕਿ ਉਹ ਉਸ ਇਸਤ੍ਰੀ ਦੇ ਅੰਗਾਂ ਤੇ ਲੱਗ ਸਕੇ)। ਪ੍ਰਭੂ ਨੇ ਆਪ ਹੀ (ਜੀਵ ਦੇ ਮਨ ਨੂੰ ਆਪਣੇ ਚਰਨਾਂ ਵਿਚ) ਲਿਆ ਲਿਆ ਕੇ (ਭਗਤੀ ਕਰਨ ਦੀ) ਮਹਿੰਦੀ (ਜੀਵ ਪਾਸੋਂ) ਪਿਹਾਈ ਹੈ, ਫਿਰ ਆਪ ਹੀ ਉਸ ਦੀ ਭਗਤੀ-ਰੂਪ ਮਹਿੰਦੀ ਨੂੰ ਘੋਲ ਘੋਲ ਕੇ (ਰੰਗੀਲੀ ਪਿਆਰ-ਭਰੀ ਬਣਾ ਬਣਾ ਕੇ) ਆਪਣੇ ਚਰਨਾਂ ਵਿਚ ਉਸ ਨੂੰ ਜੋੜਿਆ ਹੈ।

35619	837	ਜਿਨ ਕਉ ਠਾਕੁਰਿ ਕਿਰਪਾ ਧਾਰੀ ਬਾਹ ਪਕਰਿ ਨਾਨਕ ਕਢਿ ਲਈਆ॥੮॥੬॥੨॥ ੧॥੬॥੯॥	ਬਾਂਹ	Jin Ko Thaakur Kirapaa Dhhaaree Baah Pakar Naanak Kadt Leeaa ||8||6||2||1||6||9||	Our Lord and Master showers His Mercy upon us, and grasps hold of our arms; O Nanak, He lifts us up and saves us. ||8||6||9||2||1||6||9||	ਹੇ ਨਾਨਕ! (ਆਖ-ਹੇ ਭਾਈ!) ਜਿਨ੍ਹਾਂ ਉਤੇ ਮਾਲਕ-ਪ੍ਰਭੂ ਨੇ ਮਿਹਰ ਕੀਤੀ, ਉਹਨਾਂ ਦੀ ਬਾਂਹ ਫੜ ਕੇ (ਉਹਨਾਂ ਨੂੰ ਸੰਸਾਰ-ਸਮੁੰਦਰ ਵਿਚੋਂ ਬਾਹਰ) ਕੱਢ ਲਿਆ ॥੮॥੬॥੨॥੧॥੬॥੯॥
35620	837	ਰਾਗੁ ਬਿਲਾਵਲੁ ਮਹਲਾ ੫ ਅਸਟਪਦੀ ਘਰੁ ੧੨	ਅਸਟਪਦੀ ਸ ਪੈਰ ਬਿੰਦੀ ਨ ਲਾਉ	Raag Bilaaval Mehalaa 5 Asattapadhee Ghar 12	Raag Bilaaval, Fifth Mehl, Ashtapadees, Twelfth House:	ਰਾਗ ਬਿਲਾਵਲੁ, ਘਰ ੧੨ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
35621	837	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
35622	837	ਉਪਮਾ ਜਾਤ ਨ ਕਹੀ ਮੇਰੇ ਪ੍ਰਭ ਕੀ ਉਪਮਾ ਜਾਤ ਨ ਕਹੀ॥		Oupamaa Jaath N Kehee Maerae Prabh Kee Oupamaa Jaath N Kehee ||	I cannot express the Praises of my God; I cannot express His Praises.	ਹੇ ਭਾਈ! ਪਿਆਰੇ ਪ੍ਰਭੂ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ, (ਕਿਸੇ ਹਾਲਤ ਵਿਚ ਭੀ) ਬਿਆਨ ਨਹੀਂ ਕੀਤੀ ਜਾ ਸਕਦੀ।

35623	837	ਤਜਿ ਆਨ ਸਰਣਿ ਗਹੀ॥੧॥ਰਹਾਉ॥		Thaj Aan Saran Gehee ||1|| Rehaao ||	I have abandoned all others, seeking His Sanctuary. ||1||Pause||	ਹੇ ਭਾਈ! (ਮੈਂ ਤਾਂ) ਹੋਰ ਆਸਰੇ ਤਿਆਗ ਕੇ ਪ੍ਰਭੂ ਦਾ ਆਸਰਾ ਲਿਆ ਹੈ ॥੧॥ ਰਹਾਉ ॥
35624	837	ਪ੍ਰਭ ਚਰਨਕਮਲ ਅਪਾਰ॥		Prabh Charan Kamal Apaar ||	God's Lotus Feet are Infinite.	ਹੇ ਭਾਈ! ਬੇਅੰਤ ਪ੍ਰਭੂ ਦੇ ਸੋਹਣੇ ਚਰਨਾਂ ਤੋਂ-
35625	837	ਹਉ ਜਾਉ ਸਦ ਬਲਿਹਾਰ॥		Ho Jaao Sadh Balihaar ||	I am forever a sacrifice to Them.	ਮੈਂ (ਤਾਂ) ਸਦਾ ਸਦਕੇ ਜਾਂਦਾ ਹਾਂ।
35626	837	ਮਨਿ ਪ੍ਰੀਤਿ ਲਾਗੀ ਤਾਹਿ॥		Man Preeth Laagee Thaahi ||	My mind is in love with Them.	ਹੇ ਭਾਈ! (ਜਿਨ੍ਹਾਂ ਮਨੁੱਖਾਂ ਦੇ) ਮਨ ਵਿਚ ਉਸ (ਪ੍ਰਭੂ) ਵਾਸਤੇ ਪਿਆਰ ਬਣ ਜਾਂਦਾ ਹੈ,
35627	837	ਤਜਿ ਆਨ ਕਤਹਿ ਨ ਜਾਹਿ॥੧॥		Thaj Aan Kathehi N Jaahi ||1||	If I were to abandon Them, there is nowhere else I could go. ||1||	(ਉਹ ਮਨੁੱਖ ਪ੍ਰਭੂ ਦਾ ਦਰ) ਛੱਡ ਕੇ ਕਿਸੇ ਭੀ ਹੋਰ ਥਾਂ ਨਹੀਂ ਜਾਂਦੇ ॥੧॥
35628	837	ਹਰਿ ਨਾਮ ਰਸਨਾ ਕਹਨ॥		Har Naam Rasanaa Kehan ||	I chant the Lord's Name with my tongue.	ਹੇ ਭਾਈ! ਜੀਭ ਨਾਲ ਪਰਮਾਤਮਾ ਦਾ ਨਾਮ ਉਚਾਰਨਾ-
35629	837	ਮਲ ਪਾਪ ਕਲਮਲ ਦਹਨ॥		Mal Paap Kalamal Dhehan ||	The filth of my sins and evil mistakes is burnt off.	ਅਨੇਕਾਂ ਪਾਪਾਂ ਵਿਕਾਰਾਂ ਦੀ ਮੈਲ ਸਾੜਨ (ਦਾ ਕਾਰਨ ਬਣਦਾ) ਹੈ।

35630	837	ਚੜਿ ਨਾਵ ਸੰਤ ਉਧਾਰਿ॥	ਚੜ੍ਹਿ	Charr Naav Santh Oudhhaar ||	Climbing aboard the Boat of the Saints, I am emancipated.	(ਅਨੇਕਾਂ ਮਨੁੱਖ 'ਹਰਿ ਨਾਮ ਕਹਨ' ਵਾਲੀ) ਸੰਤ ਜਨਾਂ ਦੀ (ਇਸ) ਬੇੜੀ ਵਿਚ ਚੜ੍ਹ ਕੇ (ਵਿਕਾਰਾਂ ਵਿਚ ਡੁੱਬਣ ਤੋਂ) ਬਚਾ ਲਏ ਜਾਂਦੇ ਹਨ (ਹਰਿ-ਨਾਮ ਸਿਮਰਨ ਦੀ ਬੇੜੀ ਵਿਚ ਚੜ੍ਹ ਕੇ)
35631	837	ਭੈ ਤਰੇ ਸਾਗਰ ਪਾਰਿ॥੨॥		Bhai Tharae Saagar Paar ||2||	I have been carried across the terrifying world-ocean. ||2||	ਭਿਆਨਕ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ ॥੨॥
35632	837	ਮਨਿ ਡੋਰਿ ਪ੍ਰੇਮ ਪਰੀਤਿ॥		Man Ddor Praem Pareeth ||	My mind is tied to the Lord with the string of love and devotion.	ਹੇ ਭਾਈ! (ਆਪਣੇ) ਮਨ ਵਿਚ (ਪ੍ਰਭੂ-ਚਰਨਾਂ ਵਾਸਤੇ) ਪਿਆਰ ਦੀ ਲਗਨ ਪੈਦਾ ਕਰਨੀ-
35633	837	ਇਹ ਸੰਤ ਨਿਰਮਲ ਰੀਤਿ॥		Eih Santh Niramal Reeth ||	This is the Immaculate Way of the Saints.	ਸੰਤ ਜਨਾਂ ਦੀ ਦੱਸੀ ਹੋਈ ਇਹ (ਜੀਵਨ ਨੂੰ) ਪਵਿੱਤਰ ਕਰਨ ਵਾਲੀ ਮਰਯਾਦਾ ਹੈ।
35634	837	ਤਜਿ ਗਏ ਪਾਪ ਬਿਕਾਰ॥		Thaj Geae Paap Bikaar ||	They forsake sin and corruption.	(ਜਿਹੜੇ ਮਨੁੱਖ ਇਹ ਲਗਨ ਪੈਦਾ ਕਰਦੇ ਹਨ, ਉਹ) ਸਾਰੇ ਪਾਪਾਂ ਵਿਕਾਰਾਂ ਦਾ ਸਾਥ ਛੱਡ ਜਾਂਦੇ ਹਨ।
35635	837	ਹਰਿ ਮਿਲੇ ਪ੍ਰਭ ਨਿਰੰਕਾਰ॥੩॥		Har Milae Prabh Nirankaar ||3||	They meet the Formless Lord God. ||3||	ਉਹ ਮਨੁੱਖ ਹਰਿ-ਪ੍ਰਭੂ ਨਿਰੰਕਾਰ ਨੂੰ ਜਾ ਮਿਲਦੇ ਹਨ ॥੩॥
35636	837	ਪ੍ਰਭ ਪੇਖੀਐ ਬਿਸਮਾਦ॥		Prabh Paekheeai Bisamaadh ||	Gazing upon God, I am wonderstruck.	ਹੇ ਭਾਈ! ਅਸਚਰਜ-ਰੂਪ ਪ੍ਰਭੂ ਦਾ ਦਰਸਨ-

35637	837	ਚਖਿ ਅਨਦ ਪੂਰਨ ਸਾਦ॥		Chakh Anadh Pooran Saadh ||	I taste the Perfect Flavor of Bliss.	ਪੂਰਨ ਆਨੰਦ-ਸਰੂਪ ਪ੍ਰਭੂ (ਦੇ ਨਾਮ-ਰਸ) ਦਾ ਸੁਆਸ ਚੱਖ ਕੇ ਕਰ ਸਕੀਦਾ ਹੈ।
35638	837	ਨਹ ਡੋਲੀਐ ਇਤ ਊਤ॥		Neh Ddoleeai Eith Ooth ||	I do not waver or wander here or there.	ਹੇ ਭਾਈ! ਇਸ ਲੋਕ ਅਤੇ ਪਰਲੋਕ ਵਿਚ (ਵਿਕਾਰਾਂ ਦੇ ਹੱਲਿਆਂ ਦੇ ਸਾਹਮਣੇ) ਘਬਰਾਹਟ ਨਹੀਂ ਹੁੰਦੀ,
35639	837	ਪ੍ਰਭ ਬਸੇ ਹਰਿ ਹਰਿ ਚੀਤ॥੪॥		Prabh Basae Har Har Cheeth ||4||	The Lord God, Har, Har, dwells within my consciousness. ||4||	ਜੇ ਹਰਿ-ਪ੍ਰਭੂ ਜੀ ਹਿਰਦੇ ਵਿਚ ਵੱਸੇ ਰਹਿਣ ॥੪॥
35640	837	ਤਿਨ੍ ਨਾਹਿ ਨਰਕ ਨਿਵਾਸੁ॥		Thinh Naahi Narak Nivaas ||	Those who constantly remember God,	ਹੇ ਭਾਈ! ਉਹਨਾਂ ਨੂੰ ਨਰਕਾਂ ਦਾ ਨਿਵਾਸ ਨਹੀਂ ਮਿਲਦਾ,
35641	837	ਨਿਤ ਸਿਮਰਿ ਪ੍ਰਭ ਗੁਣਤਾਸੁ॥		Nith Simar Prabh Gunathaas ||	The treasure of virtue, will never go to hell.	(ਜਿਹੜੇ ਮਨੁੱਖ) ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦਾ ਸਿਮਰਨ ਕਰ ਕੇ ਉਸ ਨੂੰ ਸਦਾ (ਹਿਰਦੇ ਵਿਚ ਵਸਾਈ ਰੱਖਦੇ ਹਨ)।
35642	837	ਤੇ ਜਮੁ ਨ ਪੇਖਹਿ ਨੈਨ॥		Thae Jam N Paekhehi Nain ||	Those who listen, fascinated, to the Unstruck Sound-Current of the Word,	ਉਹ (ਮਨੁੱਖ ਆਪਣੀਆਂ) ਅੱਖਾਂ ਨਾਲ ਜਮਰਾਜ ਨੂੰ ਨਹੀਂ ਵੇਖਦੇ (ਜਮਾਂ ਨਾਲ ਉਹਨਾਂ ਨੂੰ ਵਾਹ ਨਹੀਂ ਪੈਂਦਾ),
35643	837	ਸੁਨਿ ਮੋਹੇ ਅਨਹਤ ਬੈਨ॥੫॥		Sun Mohae Anehath Bain ||5||	Will never have to see the Messenger of Death with their eyes. ||5||	ਜਿਹੜੇ ਮਨੁੱਖ ਇਕ-ਰਸ (ਵੱਜ ਰਹੀ ਸਿਫ਼ਤਿ-ਸਾਲਾਹ ਦੀ) ਬੰਸਰੀ ਸੁਣ ਕੇ (ਉਸ ਵਿਚ) ਮਸਤ ਰਹਿੰਦੇ ਹਨ ॥੫॥

35644	837	ਹਰਿ ਸਰਣਿ ਸੂਰ ਗੁਪਾਲ॥		Har Saran Soor Gupaal ||	I seek the Sanctuary of the Lord, the Heroic Lord of the World.	ਹੇ ਭਾਈ! ਭਗਤ ਉਸ ਸੂਰਮੇ ਗੋਪਾਲ ਹਰੀ ਦੀ ਸਰਨ ਪਏ ਰਹਿੰਦੇ ਹਨ,
35645	837	ਪ੍ਰਭ ਭਗਤ ਵਸਿ ਦਇਆਲ॥	ਵੱਸਿ	Prabh Bhagath Vas Dhaeiaal ||	The Merciful Lord God is under the power of His devotees.	ਜੋ ਦਇਆ ਦਾ ਸੋਮਾ ਪਰਮਾਤਮਾ (ਆਪਣੇ) ਭਗਤਾਂ ਦੇ ਵੱਸ ਵਿਚ ਰਹਿੰਦਾ ਹੈ।
35646	837	ਹਰਿ ਨਿਗਮ ਲਹਹਿ ਨ ਭੇਵ॥		Har Nigam Lehehi N Bhaev ||	The Vedas do not know the Mystery of the Lord.	ਹੇ ਭਾਈ! ਵੇਦ (ਭੀ) ਉਸ ਹਰੀ ਦਾ ਭੇਤ ਨਹੀਂ ਪਾ ਸਕਦੇ,
35647	837	ਨਿਤ ਕਰਹਿ ਮੁਨਿ ਜਨ ਸੇਵ॥੬॥		Nith Karehi Mun Jan Saev ||6||	The silent sages constantly serve Him. ||6||	ਸਾਰੇ ਰਿਸ਼ੀ ਮੁਨੀ ਉਸ ਦੀ ਸੇਵਾ-ਭਗਤੀ ਸਦਾ ਕਰਦੇ ਹਨ ॥੬॥
35648	837	ਦੁਖ ਦੀਨ ਦਰਦ ਨਿਵਾਰ॥		Dhukh Dheen Dharadh Nivaar ||	He is the Destroyer of the pains and sorrows of the poor.	ਹੇ ਭਾਈ! ਉਹ (ਪਰਮਾਤਮਾ) ਗਰੀਬਾਂ ਦੇ ਦੁੱਖ-ਦਰਦ ਦੂਰ ਕਰਨ ਵਾਲਾ ਹੈ,
35649	837	ਜਾ ਕੀ ਮਹਾ ਬਿਖੜੀ ਕਾਰ॥		Jaa Kee Mehaa Bikharree Kaar ||	It is so very difficult to serve Him.	ਜਿਸ (ਪਰਮਾਤਮਾ) ਦੀ (ਸੇਵਾ-ਭਗਤੀ ਦੀ) ਕਾਰ ਬਹੁਤ ਔਖੀ ਹੈ।
35650	837	ਤਾ ਕੀ ਮਿਤਿ ਨ ਜਾਨੈ ਕੋਇ॥		Thaa Kee Mith N Jaanai Koe ||	No one knows His limits.	ਕੋਈ ਮਨੁੱਖ ਉਸ (ਦੀ ਹਸਤੀ) ਦਾ ਹੱਦ-ਬੰਨਾ ਨਹੀਂ ਜਾਣਦਾ।
35651	837	ਜਲਿ ਥਲਿ ਮਹੀਅਲਿ ਸੋਇ॥੭॥		Jal Thhal Meheeal Soe ||7||	He is pervading the water, the land and the sky. ||7||	ਉਹ ਪ੍ਰਭੂ ਜਲ ਵਿਚ, ਧਰਤੀ ਵਿਚ, ਆਕਾਸ਼ ਵਿਚ ਆਪ ਹੀ ਮੌਜੂਦ ਹੈ ॥੭॥

35652	837	ਕਰਿ ਬੰਦਨਾ ਲਖ ਬਾਰ॥		Kar Bandhanaa Lakh Baar ||	Hundreds of thousands of times, I humbly bow to Him.	ਹੇ ਪ੍ਰਭੂ! (ਤੇਰੇ ਦਰ ਤੇ) ਮੈਂ ਅਨੇਕਾਂ ਵਾਰੀ ਸਿਰ ਨਿਵਾਂਦਾ ਹਾਂ।
35653	837	ਥਕਿ ਪਰਿਓ ਪ੍ਰਭ ਦਰਬਾਰ॥		Thhak Pariou Prabh Dharabaar ||	I have grown weary, and I have collapsed at God's Door.	(ਹੋਰ ਸਭਨਾਂ ਆਸਰਿਆਂ ਵਲੋਂ) ਹਾਰ ਕੇ ਮੈਂ ਤੇਰੇ ਦਰ ਤੇ ਆਇਆ ਹਾਂ।
35654	837	ਪ੍ਰਭ ਕਰਹੁ ਸਾਧੂ ਧੂਰਿ॥		Prabh Karahu Saadhhoo Dhhoor ||	O God, make me the dust of the feet of the Holy.	ਮੈਨੂੰ (ਆਪਣੇ) ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣਾਈ ਰੱਖ,
35655	837	ਨਾਨਕ ਮਨਸਾ ਪੂਰਿ॥੮॥੧॥		Naanak Manasaa Poor ||8||1||	Please fulfill this, Nanak's wish. ||8||1||	ਹੇ ਨਾਨਕ! (ਆਖ-) ਮੇਰੀ ਇਹ ਤਾਂਘ ਪੂਰੀ ਕਰ ॥੮॥੧॥
35656	837	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
35657	837	ਪ੍ਰਭ ਜਨਮ ਮਰਨ ਨਿਵਾਰਿ॥		Prabh Janam Maran Nivaar ||	God, please release me from birth and death.	(ਹੇ ਭਾਈ! ਬੇਨਤੀ ਕਰਿਆ ਕਰ-) ਹੇ ਪ੍ਰਭੂ! (ਮੇਰਾ) ਜਨਮ ਮਰਨ (ਦਾ ਗੇੜ) ਮੁਕਾ ਦੇਹ।
35658	837	ਹਾਰਿ ਪਰਿਓ ਦੁਆਰਿ॥		Haar Pariou Dhuaar ||	I have grown weary, and collapsed at Your door.	ਮੈਂ (ਹੋਰ ਪਾਸਿਆਂ ਵਲੋਂ) ਆਸ ਲਾਹ ਕੇ ਤੇਰੇ ਦਰ ਤੇ ਆ ਡਿੱਗਾ ਹਾਂ।
35659	837	ਗਹਿ ਚਰਨ ਸਾਧੂਸੰਗ॥		Gehi Charan Saadhhoo Sang ||	I grasp Your Feet, in the Saadh Sangat, the Company of the Holy.	(ਮਿਹਰ ਕਰ) ਤੇਰੇ ਸੰਤ ਜਨਾਂ ਦੇ ਚਰਨ ਫੜ ਕੇ (ਤੇਰੇ ਸੰਤ ਜਨਾਂ ਦਾ) ਪੱਲਾ ਫੜ ਕੇ,
35660	837	ਮਨ ਮਿਸਟ ਹਰਿ ਹਰਿ ਰੰਗ॥		Man Misatt Har Har Rang ||	The Love of the Lord, Har, Har, is sweet to my mind.	ਮੇਰੇ ਮਨ ਨੂੰ, ਹੇ ਹਰੀ! ਤੇਰਾ ਪਿਆਰ ਮਿੱਠਾ ਲੱਗਦਾ ਰਹੇ।

35661	838	ਕਰਿ ਦਇਆ ਲੇਹੁ ਲੜਿ ਲਾਇ॥		Kar Dhaeiaa Laehu Larr Laae ||	Be Merciful, and attach me to the hem of Your robe.	ਮਿਹਰ ਕਰ ਕੇ ਮੈਨੂੰ ਆਪਣੇ ਲੜ ਨਾਲ ਲਾ ਲੈ।
35662	838	ਨਾਨਕਾ ਨਾਮੁ ਧਿਆਇ॥੧॥		Naanakaa Naam Dhhiaae ||1||	Nanak meditates on the Naam, the Name of the Lord. ||1||	ਹੇ ਨਾਨਕ! ਪ੍ਰਭੂ ਦਾ ਨਾਮ ਸਿਮਰਿਆ ਕਰ ॥੧॥
35663	838	ਦੀਨਾ ਨਾਥ ਦਇਆਲ ਮੇਰੇ ਸੁਆਮੀ ਦੀਨਾ ਨਾਥ ਦਇਆਲ॥		Dheenaa Naathh Dhaeiaal Maerae Suaamee Dheenaa Naathh Dhaeiaal ||	O Merciful Master of the meek, You are my Lord and Master, O Merciful Master of the meek.	ਹੇ ਗ਼ਰੀਬਾਂ ਦੇ ਖਸਮ! ਹੇ ਦਇਆ ਦੇ ਸੋਮੇ! ਹੇ ਮੇਰੇ ਸੁਆਮੀ! ਹੇ ਦੀਨਾ ਨਾਥ! ਹੇ ਦਇਆਲ!
35664	838	ਜਾਚਉ ਸੰਤ ਰਵਾਲ॥੧॥ਰਹਾਉ॥		Jaacho Santh Ravaal ||1|| Rehaao ||	I yearn for the dust of the feet of the Saints. ||1||Pause||	ਮੈਂ ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ ॥੧॥ ਰਹਾਉ ॥
35665	838	ਸੰਸਾਰੁ ਬਿਖਿਆ ਕੂਪ॥		Sansaar Bikhiaa Koop ||	The world is a pit of poison,	ਇਹ ਜਗਤ ਮਾਇਆ (ਦੇ ਮੋਹ) ਦਾ ਖੂਹ ਹੈ,
35666	838	ਤਮ ਅਗਿਆਨ ਮੋਹਤ ਘੂਪ॥		Tham Agiaan Mohath Ghoop ||	Filled with the utter darkness of ignorance and emotional attachment.	ਆਤਮਕ ਜੀਵਨ ਵਲੋਂ ਬੇ-ਸਮਝੀ ਦਾ ਘੁੱਪ ਹਨੇਰਾ (ਮੈਨੂੰ) ਮੋਹ ਰਿਹਾ ਹੈ।
35667	838	ਗਹਿ ਭੁਜਾ ਪ੍ਰਭ ਜੀ ਲੇਹੁ॥		Gehi Bhujaa Prabh Jee Laehu ||	Please take my hand, and save me, Dear God.	(ਮੇਰੀ) ਬਾਂਹ ਫੜ ਕੇ (ਮੈਨੂੰ) ਬਚਾ ਲੈ

35668	838	ਹਰਿ ਨਾਮੁ ਅਪੁਨਾ ਦੇਹੁ॥		Har Naam Apunaa Dhaehu ||	Please bless me with Your Name, Lord.	ਹੇ ਪ੍ਰਭੂ! ਮੈਨੂੰ ਆਪਣਾ ਨਾਮ ਬਖ਼ਸ਼!
35669	838	ਪ੍ਰਭ ਤੁਝ ਬਿਨਾ ਨਹੀ ਠਾਉ॥		Prabh Thujh Binaa Nehee Thaao ||	Without You, God, I have no place at all.	ਤੈਥੋਂ ਬਿਨਾ ਮੇਰਾ ਕੋਈ ਹੋਰ ਆਸਰਾ ਨਹੀਂ ਹੈ।
35670	838	ਨਾਨਕਾ ਬਲਿ ਬਲਿ ਜਾਉ॥੨॥		Naanakaa Bal Bal Jaao ||2||	Nanak is a sacrifice, a sacrifice to You. ||2||	ਹੇ ਨਾਨਕ! (ਪ੍ਰਭੂ ਦੇ ਦਰ ਤੇ ਅਰਦਾਸ ਕਰ, ਤੇ, ਆਖ-) ਹੇ ਪ੍ਰਭੂ! ਮੈਂ (ਤੇਰੇ ਨਾਮ ਤੋਂ) ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ ॥੨॥
35671	838	ਲੋਭਿ ਮੋਹਿ ਬਾਧੀ ਦੇਹ॥		Lobh Mohi Baadhhee Dhaeh ||	The human body is in the grip of greed and attachment.	ਮੇਰਾ ਸਰੀਰ ਲੋਭ ਵਿਚ ਮੋਹ ਵਿਚ ਬੱਝਾ ਪਿਆ ਹੈ,
35672	838	ਬਿਨੁ ਭਜਨ ਹੋਵਤ ਖੇਹ॥		Bin Bhajan Hovath Khaeh ||	Without meditating and vibrating upon the Lord, it is reduced to ashes.	(ਤੇਰਾ) ਭਜਨ ਕਰਨ ਤੋਂ ਬਿਨਾ ਮਿੱਟੀ ਹੁੰਦਾ ਜਾ ਰਿਹਾ ਹੈ।
35673	838	ਜਮਦੂਤ ਮਹਾ ਭਇਆਨ॥		Jamadhooth Mehaa Bhaeiaan ||	The Messenger of Death is dreadful and horrible.	(ਮੈਨੂੰ) ਜਮਦੂਤ ਬੜੇ ਡਰਾਉਣੇ (ਲੱਗ ਰਹੇ ਹਨ)।
35674	838	ਚਿਤ ਗੁਪਤ ਕਰਮਹਿ ਜਾਨ॥		Chith Gupath Karamehi Jaan ||	The recording scribes of the conscious and the unconscious, Chitr and Gupt, know all actions and karma.	ਚਿੱਤ੍ਰ ਗੁਪਤ (ਮੇਰੇ) ਕਰਮਾਂ ਨੂੰ ਜਾਣਦੇ ਹਨ।

35675	838	ਦਿਨੁ ਰੈਨਿ ਸਾਖਿ ਸੁਨਾਇ॥		Dhin Rain Saakh Sunaae ||	Day and night, they bear witness.	ਦਿਨ ਅਤੇ ਰਾਤ (ਇਹ ਭੀ ਮੇਰੇ ਕਰਮਾਂ ਦੀ) ਗਵਾਹੀ ਦੇ ਕੇ (ਇਹੀ ਕਹਿ ਰਹੇ ਹਨ ਕਿ ਮੈਂ ਮੰਦ-ਕਰਮੀ ਹਾਂ)
35676	838	ਨਾਨਕਾ ਹਰਿ ਸਰਨਾਇ॥੩॥		Naanakaa Har Saranaae ||3||	Nanak seeks the Sanctuary of the Lord. ||3||	ਹੇ ਨਾਨਕ! (ਆਖ-) ਹੇ ਹਰੀ! ਮੈਂ ਤੇਰੀ ਸਰਨ ਆਇਆ ਹਾਂ ॥੩॥
35677	838	ਭੈ ਭੰਜਨਾ ਮੁਰਾਰਿ॥		Bhai Bhanjanaa Muraar ||	O Lord, Destroyer of fear and egotism,	ਹੇ ਸਾਰੇ ਡਰਾਂ ਦੇ ਨਾਸ ਕਰਨ ਵਾਲੇ ਪ੍ਰਭੂ!
35678	838	ਕਰਿ ਦਇਆ ਪਤਿਤ ਉਧਾਰਿ॥		Kar Dhaeiaa Pathith Oudhhaar ||	Be merciful, and save the sinners.	ਮਿਹਰ ਕਰ ਕੇ (ਮੈਨੂੰ) ਵਿਕਾਰੀ ਨੂੰ (ਵਿਕਾਰਾਂ ਤੋਂ) ਬਚਾ ਲੈ।
35679	838	ਮੇਰੇ ਦੋਖ ਗਨੇ ਨ ਜਾਹਿ॥		Maerae Dhokh Ganae N Jaahi ||	My sins cannot even be counted.	ਮੇਰੇ ਵਿਕਾਰ ਗਿਣੇ ਨਹੀਂ ਜਾ ਸਕਦੇ।
35680	838	ਹਰਿ ਬਿਨਾ ਕਤਹਿ ਸਮਾਹਿ॥		Har Binaa Kathehi Samaahi ||	Without the Lord, who can hide them?	ਹੇ ਹਰੀ! ਤੈਥੋਂ ਬਿਨਾ ਹੋਰ ਕਿਸੇ ਦਰ ਤੇ ਭੀ ਇਹ ਬਖ਼ਸ਼ੇ ਨਹੀਂ ਜਾ ਸਕਦੇ।
35681	838	ਗਹਿ ਓਟ ਚਿਤਵੀ ਨਾਥ॥		Gehi Outt Chithavee Naathh ||	I thought of Your Support, and seized it, O my Lord and Master.	ਹੇ ਨਾਥ! ਮੈਂ ਤੇਰਾ ਆਸਰਾ ਹੀ ਸੋਚਿਆ ਹੈ,
35682	838	ਨਾਨਕਾ ਦੇ ਰਖੁ ਹਾਥ॥੪॥		Naanakaa Dhae Rakh Haathh ||4||	Please, give Nanak Your hand and save him, Lord! ||4||	ਹੇ ਨਾਨਕ! (ਆਖ-ਹੇ ਹਰੀ! ਮੇਰੀ ਬਾਂਹ) ਫੜ ਲੈ, (ਆਪਣਾ) ਹੱਥ ਦੇ ਕੇ ਮੇਰੀ ਰੱਖਿਆ ਕਰ ॥੪॥

35683	838	ਹਰਿ ਗੁਣ ਨਿਧੇ ਗੋਪਾਲ॥		Har Gun Nidhhae Gopaal ||	The Lord, the treasure of virtue, the Lord of the world,	ਹੇ ਹਰੀ! ਹੇ ਗੁਣਾਂ ਦੇ ਖ਼ਜ਼ਾਨੇ! ਹੇ ਧਰਤੀ ਦੇ ਰੱਖਿਅਕ!
35684	838	ਸਰਬ ਘਟ ਪ੍ਰਤਿਪਾਲ॥		Sarab Ghatt Prathipaal ||	Cherishes and and sustains every heart.	ਹੇ ਸਭ ਸਰੀਰਾਂ ਦੇ ਪਾਲਣਹਾਰ!
35685	838	ਮਨਿ ਪ੍ਰੀਤਿ ਦਰਸਨ ਪਿਆਸ ॥		Man Preeth Dharasan Piaas ||	My mind is thirsty for Your Love, and the Blessed Vision of Your Darshan.	(ਮੇਰੇ) ਮਨ ਵਿਚ (ਤੇਰੀ) ਪ੍ਰੀਤ (ਬਣੀ ਰਹੇ, ਤੇਰੇ) ਦਰਸਨ ਦੀ ਤਾਂਘ (ਬਣੀ ਰਹੇ),
35686	838	ਗੋਬਿੰਦ ਪੂਰਨ ਆਸ॥		Gobindh Pooran Aas ||	O Lord of the Universe, please fulfill my hopes.	ਹੇ ਗੋਬਿੰਦ! (ਮੇਰੇ ਮਨ ਦੀ) ਆਸ ਪੂਰੀ ਕਰ!
35687	838	ਇਕ ਨਿਮਖ ਰਹਨੁ ਨ ਜਾਇ॥		Eik Nimakh Rehan N Jaae ||	I cannot survive, even for an instant.	ਤੇਰੇ ਦਰਸਨ ਤੋਂ ਬਿਨਾ ਮੈਥੋਂ) ਇਕ ਪਲ ਭਰ ਭੀ ਰਿਹਾ ਨਹੀਂ ਜਾ ਸਕਦਾ।
35688	838	ਵਡ ਭਾਗਿ ਨਾਨਕ ਪਾਇ॥੫॥		Vadd Bhaag Naanak Paae ||5||	By great good fortune, Nanak has found the Lord. ||5||	ਹੇ ਨਾਨਕ! (ਆਖ-) ਵੱਡੀ ਕਿਸਮਤ ਨਾਲ ਹੀ ਕੋਈ (ਤੇਰਾ) ਮਿਲਾਪ ਪ੍ਰਾਪਤ ਕਰਦਾ ਹੈ ॥੫॥
35689	838	ਪ੍ਰਭ ਤੁਝ ਬਿਨਾ ਨਹੀ ਹੋਰ॥		Prabh Thujh Binaa Nehee Hor ||	Without You, God, there is no other at all.	ਹੇ ਪ੍ਰਭੂ! ਤੈਥੋਂ ਬਿਨਾ (ਮੇਰਾ ਕੋਈ) ਹੋਰ (ਆਸਰਾ) ਨਹੀਂ ਹੈ।
35690	838	ਮਨਿ ਪ੍ਰੀਤਿ ਚੰਦ ਚਕੋਰ॥		Man Preeth Chandh Chakor ||	My mind loves You, as the partridge loves the moon,	(ਮੇਰੇ) ਮਨ ਵਿਚ (ਤੇਰੇ ਚਰਨਾਂ ਦੀ) ਪ੍ਰੀਤ ਹੈ (ਜਿਵੇਂ) ਚਕੋਰ ਨੂੰ ਚੰਦ ਨਾਲ ਪਿਆਰ ਹੈ,

35691	838	ਜਿਉ ਮੀਨ ਜਲ ਸਿਉ ਹੇਤੁ॥		Jio Meen Jal Sio Haeth ||	As the fish loves the water,	ਜਿਵੇਂ ਮਛਲੀ ਦਾ ਪਾਣੀ ਨਾਲ ਪਿਆਰ ਹੈ,
35692	838	ਅਲਿ ਕਮਲ ਭਿੰਨੁ ਨ ਭੇਤੁ॥		Al Kamal Bhinn N Bhaeth ||	As the bee and the lotus cannot be separated.	(ਜਿਵੇਂ) ਭੌਰ ਦਾ ਕੌਲ ਫੁੱਲ ਨਾਲੋਂ ਕੋਈ ਫ਼ਰਕ ਨਹੀਂ ਰਹਿ ਜਾਂਦਾ,
35693	838	ਜਿਉ ਚਕਵੀ ਸੂਰਜ ਆਸ॥		Jio Chakavee Sooraj Aas ||	As the chakvi bird longs for the sun,	ਜਿਵੇਂ ਚਕਵੀ ਨੂੰ ਸੂਰਜ (ਦੇ ਚੜ੍ਹਨ) ਦੀ ਉਡੀਕ ਲੱਗੀ ਰਹਿੰਦੀ ਹੈ,
35694	838	ਨਾਨਕ ਚਰਨ ਪਿਆਸ॥੬॥		Naanak Charan Piaas ||6||	So does Nanak thirst for the Lord's feet. ||6||	ਹੇ ਨਾਨਕ! (ਆਖ- ਇਸੇ ਤਰ੍ਹਾਂ, ਹੇ ਪ੍ਰਭੂ! ਮੈਨੂੰ ਤੇਰੇ) ਚਰਨਾਂ ਦੀ ਤਾਂਘ ਹੈ ॥੬॥
35695	838	ਜਿਉ ਤਰੁਨਿ ਭਰਤ ਪਰਾਨ॥		Jio Tharun Bharath Paraan ||	As the young bride places the hopes of her life in her husband,	ਜਿਵੇਂ ਜੁਆਨ ਇਸਤ੍ਰੀ ਨੂੰ (ਆਪਣਾ) ਖਸਮ ਬਹੁਤ ਪਿਆਰਾ ਹੁੰਦਾ ਹੈ,
35696	838	ਜਿਉ ਲੋਭੀਐ ਧਨੁ ਦਾਨੁ॥		Jio Lobheeai Dhhan Dhaan ||	As the greedy person looks upon the gift of wealth,	ਜਿਵੇਂ ਲਾਲਚੀ ਮਨੁੱਖ ਨੂੰ ਧਨ-ਪ੍ਰਾਪਤੀ (ਤੋਂ ਖ਼ੁਸ਼ੀ ਹੁੰਦੀ ਹੈ),
35697	838	ਜਿਉ ਦੂਧ ਜਲਹਿ ਸੰਜੋਗੁ॥		Jio Dhoodhh Jalehi Sanjog ||	As milk is joined to water,	ਜਿਵੇਂ ਦੁੱਧ ਦਾ ਪਾਣੀ ਨਾਲ ਮਿਲਾਪ ਹੋ ਜਾਂਦਾ ਹੈ,
35698	838	ਜਿਉ ਮਹਾ ਖੁਧਿਆਰਥ ਭੋਗੁ॥	(ਖੁਧਿਆਰਥ)ਬਹੁਤਾ ਭੁੱਖਾ। (ਭੋਗੁ)ਪਦਾਰਥ। ਖੁੱਧਿਆਰਥ	Jio Mehaa Khudhhiaarathh Bhog ||	As food is to the very hungry man,	ਜਿਵੇਂ ਬਹੁਤ ਭੁੱਖੇ ਨੂੰ ਭੋਜਨ (ਤ੍ਰਿਪਤ ਕਰਦਾ ਹੈ),
35699	838	ਜਿਉ ਮਾਤ ਪੂਤਹਿ ਹੇਤੁ॥		Jio Maath Poothehi Haeth ||	And as the mother loves her son,	ਜਿਵੇਂ ਮਾਂ ਦਾ ਪੁੱਤਰ ਨਾਲ ਪਿਆਰ ਹੁੰਦਾ ਹੈ,

35700	838	ਹਰਿ ਸਿਮਰਿ ਨਾਨਕ ਨੇਤ॥੭॥		Har Simar Naanak Naeth ||7||	So does Nanak constantly remember the Lord in meditation. ||7||	ਹੇ ਨਾਨਕ! (ਆਖ-ਹੇ ਭਾਈ) ਤਿਵੇਂ ਸਦਾ ਪਰਮਾਤਮਾ ਨੂੰ (ਪਿਆਰ ਨਾਲ) ਸਿਮਰਿਆ ਕਰ ॥੭॥
35701	838	ਜਿਉ ਦੀਪ ਪਤਨ ਪਤੰਗ॥	(ਪਤਨ)ਨਾਸ	Jio Dheep Pathan Pathang ||	As the moth falls into the lamp,	ਜਿਵੇਂ (ਪ੍ਰੇਮ ਦੇ ਬੱਝੇ) ਭੰਬਟ ਦੀਵੇ ਉਤੇ ਡਿੱਗਦੇ ਹਨ,
35702	838	ਜਿਉ ਚੋਰੁ ਹਿਰਤ ਨਿਸੰਗ॥		Jio Chor Hirath Nisang ||	As the thief steals without hesitation,	ਜਿਵੇਂ ਚੋਰ ਝਾਕਾ ਲਾਹ ਕੇ ਚੋਰੀ ਕਰਦਾ ਹੈ,
35703	838	ਮੈਗਲਹਿ ਕਾਮੈ ਬੰਧੁ॥	ਮੈਗਲ-ਹਿ	Maigalehi Kaamai Bandhh ||	As the elephant is trapped by its sexual urges,	ਜਿਵੇਂ ਹਾਥੀ ਦਾ ਕਾਮ-ਵਾਸਨਾ ਨਾਲ ਜੋੜ ਹੈ,
35704	838	ਜਿਉ ਗ੍ਰਸਤ ਬਿਖਈ ਧੰਧੁ॥	ਗ-੍ਰਸਤ ਬਿ-ਖਈ	Jio Grasath Bikhee Dhhandhh ||	As the sinner is caught in his sins,	ਜਿਵੇਂ (ਵਿਸ਼ਿਆਂ ਦਾ) ਧੰਧਾ ਵਿਸ਼ਈ ਮਨੁੱਖ ਨੂੰ ਗ੍ਰਸੀ ਰੱਖਦਾ ਹੈ,
35705	838	ਜਿਉ ਜੂਆਰ ਬਿਸਨੁ ਨ ਜਾਇ॥	(ਬਿਸਨੁ)ਆਦਤ	Jio Jooaar Bisan N Jaae ||	As the gambler's addiction does not leave him,	ਜਿਵੇਂ ਜੁਆਰੀਏ ਦੀ (ਜੂਆ ਖੇਡਣ ਦੀ) ਭੈੜੀ ਆਦਤ ਦੂਰ ਨਹੀਂ ਹੁੰਦੀ,
35706	838	ਹਰਿ ਨਾਨਕ ਇਹੁ ਮਨੁ ਲਾਇ॥੮॥		Har Naanak Eihu Man Laae ||8||	So is this mind of Nanak's attached to the Lord. ||8||	ਹੇ ਨਾਨਕ! (ਆਖ-ਹੇ ਭਾਈ!) ਤਿਵੇਂ (ਆਪਣੇ) ਇਸ ਮਨ ਨੂੰ (ਪ੍ਰਭੂ-ਚਰਨਾਂ ਵਿਚ ਪਿਆਰ ਨਾਲ) ਜੋੜੀ ਰੱਖੀਂ ॥੮॥
35707	838	ਕੁਰੰਕ ਨਾਦੈ ਨੇਹੁ॥		Kurank Naadhai Naehu ||	As the deer loves the sound of the bell,	ਜਿਵੇਂ ਹਰਨ ਦਾ ਘੰਡੇਹੇੜੇ ਦੀ ਆਵਾਜ਼ ਨਾਲ ਪਿਆਰ ਹੁੰਦਾ ਹੈ,
35708	838	ਚਾਤ੍ਰਿਕੁ ਚਾਹਤ ਮੇਹੁ॥		Chaathrik Chaahath Maehu ||	And as the song-bird longs for the rain,	ਜਿਵੇਂ ਪਪੀਹਾ (ਹਰ ਵੇਲੇ) ਮੀਂਹ ਮੰਗਦਾ ਹੈ;

35709	838	ਜਨ ਜੀਵਨਾ ਸਤਸੰਗਿ॥		Jan Jeevanaa Sathasang ||	The Lord's humble servant lives in the Society of the Saints,	(ਤਿਵੇਂ ਪਰਮਾਤਮਾ ਦੇ) ਸੇਵਕ ਦਾ (ਸੁਖੀ) ਜੀਵ ਸਾਧ ਸੰਗਤਿ ਵਿਚ (ਹੀ ਹੁੰਦਾ) ਹੈ,
35710	838	ਗੋਬਿਦੁ ਭਜਨਾ ਰੰਗਿ॥		Gobidh Bhajanaa Rang ||	Lovingly meditating and vibrating upon the Lord of the Universe.	ਸੇਵਕ ਪਿਆਰ ਨਾਲ ਪਰਮਾਤਮਾ (ਦੇ ਨਾਮ) ਨੂੰ ਜਪਦਾ ਹੈ,
35711	838	ਰਸਨਾ ਬਖਾਨੈ ਨਾਮੁ॥		Rasanaa Bakhaanai Naam ||	My tongue chants the Naam, the Name of the Lord.	(ਆਪਣੀ) ਜੀਭ ਨਾਲ (ਪਰਮਾਤਮਾ ਦਾ) ਨਾਮ ਉਚਾਰਦਾ ਰਹਿੰਦਾ ਹੈ
35712	838	ਨਾਨਕ ਦਰਸਨ ਦਾਨੁ॥੯॥		Naanak Dharasan Dhaan ||9||	Please bless Nanak with the gift of the Blessed Vision of Your Darshan. ||9||	ਨਾਨਕ! (ਪਰਮਾਤਮਾ ਦੇ) ਦਰਸਨ ਦੀ ਦਾਤ (ਮੰਗਦਾ ਰਹਿੰਦਾ ਹੈ) ॥੯॥
35713	838	ਗੁਨ ਗਾਇ ਸੁਨਿ ਲਿਖਿ ਦੇਇ॥	ਦੇ-ਇ	Gun Gaae Sun Likh Dhaee ||	One who sings the Glorious Praises of the Lord, and hears them, and writes them,	ਜਿਹੜਾ ਮਨੁੱਖ (ਪਰਮਾਤਮਾ ਦੇ) ਗੁਣ ਗਾ ਕੇ, ਸੁਣ ਕੇ, ਲਿਖ ਕੇ (ਇਹ ਦਾਤ ਹੋਰਨਾਂ ਨੂੰ ਭੀ) ਦੇਂਦਾ ਹੈ,
35714	838	ਸੋ ਸਰਬ ਫਲ ਹਰਿ ਲੇਇ॥	ਲੇ-ਇ	So Sarab Fal Har Laee ||	Receives all fruits and rewards from the Lord.	ਉਹ ਮਨੁੱਖ ਸਾਰੇ ਫਲ ਦੇਣ ਵਾਲੇ ਪ੍ਰਭੂ ਦਾ ਮਿਲਾਪ ਪ੍ਰਾਪਤ ਕਰ ਲੈਂਦਾ ਹੈ,
35715	838	ਕੁਲ ਸਮੂਹ ਕਰਤ ਉਧਾਰੁ॥		Kul Samooh Karath Oudhhaar ||	He saves all his ancestors and generations,	ਉਹ ਮਨੁੱਖ (ਆਪਣੀਆਂ) ਸਾਰੀਆਂ ਕੁਲਾਂ ਦਾ (ਹੀ) ਪਾਰ-ਉਤਾਰਾ ਕਰਾ ਲੈਂਦਾ ਹੈ,
35716	838	ਸੰਸਾਰੁ ਉਤਰਸਿ ਪਾਰਿ॥		Sansaar Outharas Paar ||	And crosses over the world-ocean.	ਉਹ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।

35717	838	ਹਰਿ ਚਰਨ ਬੋਹਿਥ ਤਾਹਿ॥		Har Charan Bohithh Thaahi ||	The Lord's Feet are the boat to carry him across.	(ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਲਈ) ਪਰਮਾਤਮਾ ਦੇ ਚਰਨ ਉਹਨਾਂ ਵਾਸਤੇ ਜਹਾਜ਼ (ਦਾ ਕੰਮ ਦੇਂਦੇ) ਹਨ,
35718	838	ਮਿਲਿ ਸਾਧਸੰਗਿ ਜਸੁ ਗਾਹਿ॥		Mil Saadhhasang Jas Gaahi ||	Joining the Saadh Sangat, the Company of the Holy, he sings the Praises of the Lord.	ਜਿਹੜੇ ਮਨੁੱਖ ਗੁਰੂ ਦੀ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ।
35719	838	ਹਰਿ ਪੈਜ ਰਖੈ ਮੁਰਾਰਿ॥		Har Paij Rakhai Muraar ||	The Lord protects his honor.	ਮੁਰਾਰੀ ਪ੍ਰਭੂ ਉਹਨਾਂ ਦੀ ਲਾਜ ਰੱਖਦਾ ਹੈ,
35720	838	ਹਰਿ ਨਾਨਕ ਸਰਨਿ ਦੁਆਰਿ॥੧੦॥੨॥		Har Naanak Saran Dhuaar ||10||2||	Nanak seeks the Sanctuary of the Lord's door. ||10||2||	ਹੇ ਨਾਨਕ! ਉਹ ਹਰੀ ਦੀ ਸਰਨ ਪਏ ਰਹਿੰਦੇ ਹਨ, ਉਹ ਹਰੀ ਦੇ ਦਰ ਤੇ ਟਿਕੇ ਰਹਿੰਦੇ ਹਨ ॥੧੦॥੨॥
35721	838	ਬਿਲਾਵਲੁ ਮਹਲਾ ੧ ਥਿਤੀ ਘਰੁ ੧੦ ਜਤਿ	ਥਿੱਤੀ।ਘਰੁ ਦਸਵਾਂ।ਜਤਿ:ਪੋਲਾ ਬੋਲੋ	Bilaaval Mehalaa 1 Thhithee Ghar 10 Jathi	Bilaaval, First Mehl, T'hitee ~ The Lunar Days, Tenth House, To The Drum-Beat Jat:	ਰਾਗ ਬਿਲਾਵਲੁ, ਘਰ ੧੦ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਥਿਤੀ', ਜਤਿ ਦੀ ਤਾਲ ਨਾਲ ਗਾਵਣੀ।
35722	838	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
35723	838	ਏਕਮ ਏਕੰਕਾਰੁ ਨਿਰਾਲਾ॥		Eaekam Eaekankaar Niraalaa ||	The First Day: The One Universal Creator is unique,	ਪਰਮਾਤਮਾ ਇੱਕ ਹੈ (ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ)। ਉਸ ਦਾ ਕੋਈ ਖ਼ਾਸ ਘਰ ਨਹੀਂ।

35724	838	ਅਮਰੁ ਅਜੋਨੀ ਜਾਤਿ ਨ ਜਾਲਾ॥		Amar Ajonee Jaath N Jaalaa ||	Immortal, unborn, beyond social class or involvement.	ਉਹ ਕਦੇ ਮਰਦਾ ਨਹੀਂ, ਉਹ ਜੂਨਾਂ ਵਿਚ ਨਹੀਂ ਆਉਂਦਾ, ਉਸ ਦੀ ਕੋਈ ਖ਼ਾਸ ਜਾਤਿ ਨਹੀਂ, ਉਸ ਨੂੰ (ਮਾਇਆ ਆਦਿਕ ਦਾ) ਕੋਈ ਬੰਧਨ ਨਹੀਂ (ਵਿਆਪਦਾ)।
35725	838	ਅਗਮ ਅਗੋਚਰੁ ਰੂਪੁ ਨ ਰੇਖਿਆ॥		Agam Agochar Roop N Raekhiaa ||	He is inaccessible and unfathomable, with no form or feature.	ਉਹ ਇੱਕ ਪਰਮਾਤਮਾ ਅਪਹੁੰਚ ਹੈ, (ਮਨੁੱਖ ਦੇ) ਗਿਆਨ-ਇੰਦ੍ਰਿਆਂ ਦੀ ਉਸ ਤਕ ਪਹੁੰਚ ਨਹੀਂ ਹੋ ਸਕਦੀ, (ਕਿਉਂਕਿ) ਉਸ ਦੀ ਕੋਈ ਖ਼ਾਸ ਸ਼ਕਲ ਨਹੀਂ, ਕੋਈ ਖ਼ਾਸ ਨਿਸ਼ਾਨ ਨਹੀਂ।
35726	838	ਖੋਜਤ ਖੋਜਤ ਘਟਿ ਘਟਿ ਦੇਖਿਆ॥		Khojath Khojath Ghatt Ghatt Dhaekhiaa ||	Searching, searching, I have seen Him in each and every heart.	ਪਰ ਭਾਲ ਕਰਦਿਆਂ ਕਰਦਿਆਂ ਉਸ ਨੂੰ ਹਰੇਕ ਸਰੀਰ ਵਿਚ ਵੇਖ ਸਕੀਦਾ ਹੈ।
35727	839	ਜੋ ਦੇਖਿ ਦਿਖਾਵੈ ਤਿਸ ਕਉ ਬਲਿ ਜਾਈ॥		Jo Dhaekh Dhikhaavai This Ko Bal Jaaee ||	I am a sacrifice to one who sees, and inspires others to see Him.	ਮੈਂ ਉਸ (ਗੁਰੂ) ਤੋਂ ਸਦਕੇ ਜਾਂਦਾ ਹਾਂ ਜਿਹੜਾ (ਹਰੇਕ ਸਰੀਰ ਵਿਚ ਪ੍ਰਭੂ ਨੂੰ) ਵੇਖ ਕੇ (ਹੋਰਨਾਂ ਨੂੰ ਭੀ) ਵਿਖਾ ਦੇਂਦਾ ਹੈ।
35728	839	ਗੁਰ ਪਰਸਾਦਿ ਪਰਮਪਦੁ ਪਾਈ॥੧॥		Gur Parasaadh Param Padh Paaee ||1||	By Guru's Grace, I have obtained the supreme status. ||1||	ਗੁਰੂ ਦੀ ਕਿਰਪਾ ਨਾਲ (ਹੀ ਉਸ ਦਾ ਹਰੇਕ ਸਰੀਰ ਵਿਚ ਦਰਸਨ ਕਰਨ ਦੀ) ਉੱਚੀ ਤੋਂ ਉੱਚੀ ਪਦਵੀ ਮੈਂ ਪ੍ਰਾਪਤ ਕਰ ਸਕਦਾ ਹਾਂ ॥੧॥

35729	839	ਕਿਆ ਜਪੁ ਜਾਪਉ ਬਿਨੁ ਜਗਦੀਸੈ॥	ਜੱਗਦੀਸੈ	Kiaa Jap Jaapo Bin Jagadheesai ||	Whose Name should I chant, and meditate on, except the Lord of the Universe?	ਜਗਤ ਦੇ ਮਾਲਕ ਪਰਮਾਤਮਾ ਦੇ ਸਿਮਰਨ ਤੋਂ ਬਿਨਾ ਮੈਂ ਹੋਰ ਕੋਈ ਭੀ ਜਾਪ ਨਹੀਂ ਜਪਦਾ,
35730	839	ਗੁਰ ਕੈ ਸਬਦਿ ਮਹਲੁ ਘਰੁ ਦੀਸੈ॥੧॥ਰਹਾਉ॥	ਮਹੱਲੁ	Gur Kai Sabadh Mehal Ghar Dheesai ||1|| Rehaao ||	Through the Word of the Guru's Shabad, the Mansion of the Lord's Presence is revealed within the home of one's own heart. ||1||Pause||	(ਕਿਉਂਕਿ) ਗੁਰੂ ਦੇ ਸ਼ਬਦ ਵਿਚ ਜੁੜ ਕੇ (ਪਰਮਾਤਮਾ ਦਾ ਸਿਮਰਨ ਕੀਤਿਆਂ ਪਰਮਾਤਮਾ ਦਾ) ਦਰ-ਘਰ ਦਿੱਸ ਸਕਦਾ ਹੈ (ਪਰਮਾਤਮਾ ਦੇ ਚਰਨਾਂ ਵਿਚ ਟਿਕ ਸਕੀਦਾ ਹੈ) ॥੧॥ ਰਹਾਉ ॥
35731	839	ਦੂਜੈ ਭਾਇ ਲਗੇ ਪਛੁਤਾਣੇ॥		Dhoojai Bhaae Lagae Pashhuthaanae ||	The Second Day: Those who are in love with another, come to regret and repent.	ਜਿਹੜੇ ਜੀਵ (ਪਰਮਾਤਮਾ ਨੂੰ ਵਿਸਾਰ ਕੇ) ਕਿਸੇ ਹੋਰ ਮੋਹ ਵਿਚ ਫਸੇ ਰਹਿੰਦੇ ਹਨ ਉਹ (ਆਖ਼ਰ) ਪਛੁਤਾਂਦੇ ਹਨ।
35732	839	ਜਮ ਦਰਿ ਬਾਧੇ ਆਵਣ ਜਾਣੇ॥		Jam Dhar Baadhhae Aavan Jaanae ||	The are tied up at Death's door, and continue coming and going.	ਉਹ ਜਮਰਾਜ ਦੇ ਦਰ ਤੇ ਬੱਝੇ ਰਹਿੰਦੇ ਹਨ, ਉਹਨਾਂ ਦਾ ਜਨਮ ਮਰਨ ਦਾ ਗੇੜ ਬਣਿਆ ਰਹਿੰਦਾ ਹੈ।
35733	839	ਕਿਆ ਲੈ ਆਵਹਿ ਕਿਆ ਲੇ ਜਾਹਿ॥		Kiaa Lai Aavehi Kiaa Lae Jaahi ||	What have they brought, and what will they take with them when they go?	ਜਗਤ ਵਿਚ ਖ਼ਾਲੀ-ਹੱਥ ਆਉਂਦੇ ਹਨ, ਇਥੋਂ ਖ਼ਾਲੀ-ਹੱਥ ਹੀ ਜਾਂਦੇ ਹਨ (ਭਾਵ, ਸਿਮਰਨ ਸੇਵਾ ਆਦਿਕ ਦੀ ਆਤਮਕ ਰਾਸਿ-ਪੂੰਜੀ ਤਾਂ ਇਕੱਠੀ ਨਾਹ ਕੀਤੀ, ਤੇ ਹੋਰ ਜੋੜਿਆ ਕਮਾਇਆ ਧਨ-ਪਦਾਰਥ ਜਗਤ ਵਿਚ ਹੀ ਰਹਿ ਗਿਆ)।

35734	839	ਸਿਰਿ ਜਮਕਾਲੁ ਸਿ ਚੋਟਾ ਖਾਹਿ॥		Sir Jamakaal S Chottaa Khaahi ||	The Messenger of Death looms over their heads, and they endure his beating.	ਉਹਨਾਂ ਦੇ ਸਿਰ ਉਤੇ ਆਤਮਕ ਮੌਤ (ਹਰ ਵੇਲੇ ਖੜੀ ਰਹਿੰਦੀ ਹੈ) ਤੇ ਉਹ (ਨਿੱਤ ਇਸ ਆਤਮਕ ਮੌਤ ਦੀਆਂ) ਸੱਟਾਂ ਸਹਾਰਦੇ ਰਹਿੰਦੇ ਹਨ।
35735	839	ਬਿਨੁ ਗੁਰ ਸਬਦ ਨ ਛੂਟਸਿ ਕੋਇ॥		Bin Gur Sabadh N Shhoottas Koe ||	Without the Word of the Guru's Shabad, no one finds release.	ਗੁਰੂ ਦੇ ਸ਼ਬਦ ਤੋਂ ਬਿਨਾ ਕੋਈ ਮਨੁੱਖ ਆਤਮਕ ਮੌਤ ਤੋਂ ਬਚ ਨਹੀਂ ਸਕਦਾ।
35736	839	ਪਾਖੰਡਿ ਕੀਨ੍ਹੈ ਮੁਕਤਿ ਨ ਹੋਇ॥੨॥		Paakhandd Keenhai Mukath N Hoe ||2||	Practicing hypocrisy, no one finds liberation. ||2||	ਪਖੰਡ ਕੀਤਿਆਂ (ਬਾਹਰੋਂ ਧਾਰਮਿਕ ਭੇਖ ਬਣਾਇਆਂ) ਵਿਕਾਰਾਂ ਤੋਂ ਖ਼ਲਾਸੀ ਨਹੀਂ ਮਿਲ ਸਕਦੀ ॥੨॥
35737	839	ਆਪੇ ਸਚੁ ਕੀਆ ਕਰ ਜੋੜਿ॥		Aapae Sach Keeaa Kar Jorr ||	The True Lord Himself created the universe, joining the elements together.	ਹੇ ਭਾਈ! (ਪਰਮਾਤਮਾ) ਆਪ ਹੀ ਸਦਾ ਕਾਇਮ ਰਹਿਣ ਵਾਲਾ ਹੈ, (ਇਹ ਬ੍ਰਹਮਾਂਡ ਉਸ ਸਦਾ-ਥਿਰ ਪ੍ਰਭੂ ਨੇ) ਹੁਕਮ ਕਰ ਕੇ (ਆਪ ਹੀ) ਪੈਦਾ ਕੀਤਾ ਹੈ।
35738	839	ਅੰਡਜ ਫੋੜਿ ਜੋੜਿ ਵਿਛੋੜਿ॥		Anddaj Forr Jorr Vishhorr ||	Breaking the cosmic egg, He united, and separated.	ਇਸ ਬ੍ਰਹਮਾਂਡ ਨੂੰ ਨਾਸ ਕਰ ਕੇ, (ਫਿਰ) ਪੈਦਾ ਕਰ ਕੇ, (ਫਿਰ) ਨਾਸ ਕਰ ਕੇ (ਫਿਰ ਆਪ ਹੀ ਪੈਦਾ ਕਰ ਦੇਂਦਾ ਹੈ)।
35739	839	ਧਰਤਿ ਅਕਾਸੁ ਕੀਏ ਬੈਸਣ ਕਉ ਥਾਉ॥		Dhharath Akaas Keeeae Baisan Ko Thhaao ||	He made the earth and the sky into places to live.	ਹੇ ਭਾਈ! (ਇਹ) ਧਰਤੀ (ਅਤੇ) ਆਕਾਸ਼ (ਪਰਮਾਤਮਾ ਨੇ ਜੀਵਾਂ ਦੇ) ਵੱਸਣ ਵਾਸਤੇ ਥਾਂ ਬਣਾਈ ਹੈ।

35740	839	ਰਾਤਿ ਦਿਨੰਤੁ ਕੀਏ ਭਉ ਭਾਉ॥		Raath Dhinanth Keeeae Bho Bhaao ||	He created day and night, fear and love.	(ਪਰਮਾਤਮਾ ਨੇ ਆਪ ਹੀ) ਦਿਨ ਅਤੇ ਰਾਤ ਬਣਾਏ ਹਨ, (ਜੀਵਾਂ ਦੇ ਅੰਦਰ) ਡਰ ਅਤੇ ਪਿਆਰ (ਭੀ ਪਰਮਾਤਮਾ ਨੇ ਆਪ ਹੀ ਪੈਦਾ ਕੀਤੇ ਹਨ)।
35741	839	ਜਿਨਿ ਕੀਏ ਕਰਿ ਵੇਖਣਹਾਰਾ॥		Jin Keeeae Kar Vaekhanehaaraa ||	The One who created the Creation, also watches over it.	ਹੇ ਭਾਈ! ਜਿਸ (ਪਰਮਾਤਮਾ) ਨੇ (ਸਾਰੇ ਜੀਵ) ਪੈਦਾ ਕੀਤੇ ਹਨ, (ਇਹਨਾਂ ਨੂੰ) ਪੈਦਾ ਕਰ ਕੇ (ਆਪ ਹੀ ਇਹਨਾਂ ਦੀ) ਸੰਭਾਲ ਕਰਨ ਵਾਲਾ ਹੈ।
35742	839	ਅਵਰੁ ਨ ਦੂਜਾ ਸਿਰਜਣਹਾਰਾ॥੩॥		Avar N Dhoojaa Sirajanehaaraa ||3||	There is no other Creator Lord. ||3||	ਹੇ ਭਾਈ! (ਪਰਮਾਤਮਾ ਤੋਂ ਬਿਨਾ) ਕੋਈ ਹੋਰ ਦੂਜਾ (ਇਸ ਬ੍ਰਹਮਾਂਡ ਨੂੰ) ਪੈਦਾ ਕਰਨ ਵਾਲਾ ਨਹੀਂ ਹੈ ॥੩॥
35743	839	ਤ੍ਰਿਤੀਆ ਬ੍ਰਹਮਾ ਬਿਸਨੁ ਮਹੇਸਾ॥	ਬਿਸ੍ਰਾਮ ਥਿੱਤਾਂ ਤੇ	Thritheeaa Brehamaa Bisan Mehaesaa ||	The Third Day: He created Brahma, Vishnu and Shiva,	ਪਰਮਾਤਮਾ ਨੇ ਹੀ ਬ੍ਰਹਮਾ ਵਿਸ਼ਨੂ ਤੇ ਸ਼ਿਵ ਪੈਦਾ ਕੀਤੇ,
35744	839	ਦੇਵੀ ਦੇਵ ਉਪਾਏ ਵੇਸਾ॥		Dhaevee Dhaev Oupaaeae Vaesaa ||	The gods, goddesses and various manifestations.	ਪਰਮਾਤਮਾ ਨੇ ਹੀ ਦੇਵੀਆਂ ਦੇਵਤੇ ਆਦਿਕ ਅਨੇਕਾਂ ਹਸਤੀਆਂ ਪੈਦਾ ਕੀਤੀਆਂ।
35745	839	ਜੋਤੀ ਜਾਤੀ ਗਣਤ ਨ ਆਵੈ॥		Jothee Jaathee Ganath N Aavai ||	The lights and forms cannot be counted.	ਦੁਨੀਆ ਨੂੰ ਚਾਨਣ ਦੇਣ ਵਾਲੀਆਂ ਇਤਨੀਆਂ ਹਸਤੀਆਂ ਉਸ ਨੇ ਪੈਦਾ ਕੀਤੀਆਂ ਹਨ ਕਿ ਉਹਨਾਂ ਦੀ ਗਿਣਤੀ ਨਹੀਂ ਹੋ ਸਕਦੀ।
35746	839	ਜਿਨਿ ਸਾਜੀ ਸੋ ਕੀਮਤਿ ਪਾਵੈ॥		Jin Saajee So Keemath Paavai ||	The One who fashioned them, knows their value.	ਜਿਸ ਪਰਮਾਤਮਾ ਨੇ (ਇਹ ਸਾਰੀ ਸ੍ਰਿਸ਼ਟੀ) ਪੈਦਾ ਕੀਤੀ ਹੈ ਉਹ (ਹੀ) ਇਸ ਦੀ ਕਦਰ ਜਾਣਦਾ ਹੈ।

35747	839	ਕੀਮਤਿ ਪਾਇ ਰਹਿਆ ਭਰਪੂਰਿ॥		Keemath Paae Rehiaa Bharapoor ||	He evaluates them, and totally pervades them.	(ਭਾਵ, ਇਸ ਨਾਲ ਪਿਆਰ ਕਰਦਾ ਹੈ, ਤੇ) ਇਸ ਵਿਚ ਹਰ ਥਾਂ ਮੌਜੂਦ (ਇਸ ਦੀ ਸੰਭਾਲ ਕਰਦਾ) ਹੈ।
35748	839	ਕਿਸੁ ਨੇੜੈ ਕਿਸੁ ਆਖਾ ਦੂਰਿ॥੪॥		Kis Naerrai Kis Aakhaa Dhoor ||4||	Who is close, and who is far away? ||4||	ਮੈਂ ਕੀਹ ਦੱਸਾਂ ਕਿ ਕਿਸ ਤੋਂ ਉਹ ਪਰਮਾਤਮਾ ਨੇੜੇ ਹੈ ਤੇ ਕਿਸ ਤੋਂ ਦੂਰ ਹੈ? (ਭਾਵ, ਪਰਮਾਤਮਾ ਨਾਹ ਕਿਸੇ ਤੋਂ ਨੇੜੇ ਤੇ ਨਾਹ ਕਿਸੇ ਤੋਂ ਦੂਰ ਹੈ, ਹਰੇਕ ਵਿਚ ਇਕ-ਸਮਾਨ ਵਿਆਪਕ ਹੈ) ॥੪॥
35749	839	ਚਉਥਿ ਉਪਾਏ ਚਾਰੇ ਬੇਦਾ॥		Chouthh Oupaaeae Chaarae Baedhaa ||	The Fourth Day: He created the four Vedas,	ਪਰਮਾਤਮਾ ਨੇ ਆਪ ਹੀ ਚਾਰ ਵੇਦ ਪੈਦਾ ਕੀਤੇ ਹਨ,
35750	839	ਖਾਣੀ ਚਾਰੇ ਬਾਣੀ ਭੇਦਾ॥		Khaanee Chaarae Baanee Bhaedhaa ||	The four sources of creation, and distinct forms of speech.	ਆਪ ਹੀ (ਜਗਤ-ਉਤਪੱਤੀ ਦੀਆਂ) ਚਾਰ ਖਾਣਾਂ ਪੈਦਾ ਕੀਤੀਆਂ ਹਨ ਤੇ ਆਪ ਹੀ ਜੀਵਾਂ ਦੀਆਂ ਵਖ ਵਖ ਬੋਲੀਆਂ ਬਣਾ ਦਿੱਤੀਆਂ ਹਨ।
35751	839	ਅਸਟ ਦਸਾ ਖਟੁ ਤੀਨਿ ਉਪਾਏ॥		Asatt Dhasaa Khatt Theen Oupaaeae ||	He created the eighteen Puraanas, the six Shaastras and the three qualities.	ਅਕਾਲ ਪੁਰਖ ਨੇ ਆਪ ਹੀ ਅਠਾਰਾਂ ਪੁਰਾਣ ਛੇ ਸ਼ਾਸਤ੍ਰ ਤੇ (ਮਾਇਆ ਦੇ) ਤਿੰਨ (ਗੁਣ) ਪੈਦਾ ਕੀਤੇ ਹਨ।
35752	839	ਸੋ ਬੂਝੈ ਜਿਸੁ ਆਪਿ ਬੁਝਾਏ॥	ਬੂੱਝੈ। ਬੁੱਝਾਏ	So Boojhai Jis Aap Bujhaaeae ||	He alone understands, whom the Lord causes to understand.	ਇਸ ਭੇਤ ਨੂੰ ਉਹ ਮਨੁੱਖ ਸਮਝਦਾ ਹੈ ਜਿਸ ਨੂੰ ਪਰਮਾਤਮਾ ਆਪ ਸੂਝ ਬਖ਼ਸ਼ੇ।

35753	839	ਤੀਨਿ ਸਮਾਵੈ ਚਉਥੈ ਵਾਸਾ॥		Theen Samaavai Chouthhai Vaasaa ||	One who overcomes the three qualities, dwells in the fourth state.	ਜੋ ਮਾਇਆ ਦੇ ਤਿੰਨ ਗੁਣਾਂ ਦਾ ਪ੍ਰਭਾਵ ਮੁਕਾ ਕੇ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ,
35754	839	ਪ੍ਰਣਵਤਿ ਨਾਨਕ ਹਮ ਤਾ ਕੇ ਦਾਸਾ ॥੫॥		Pranavath Naanak Ham Thaa Kae Dhaasaa ||5||	Prays Nanak, I am his slave. ||5||	ਨਾਨਕ ਬੇਨਤੀ ਕਰਦਾ ਹੈ-ਮੈਂ ਉਸ ਮਨੁੱਖ ਦਾ ਦਾਸ ਹਾਂ ॥੫॥
35755	839	ਪੰਚਮੀ ਪੰਚ ਭੂਤ ਬੇਤਾਲਾ॥		Panchamee Panch Bhooth Baethaalaa ||	The Fifth Day: The five elements are demons.	ਉਸ ਦੇ ਪੈਦਾ ਕੀਤੇ ਹੋਏ ਜਿਹੜੇ ਜੀਵ ਪੰਜ ਤੱਤਾਂ ਵਿਚ ਹੀ ਪਰਵਿਰਤ ਹਨ ਉਹ ਜੀਵਨ-ਜਾਚ ਤੋਂ ਖੁੰਝੇ ਹੋਏ ਹਨ।
35756	839	ਆਪਿ ਅਗੋਚਰੁ ਪੁਰਖੁ ਨਿਰਾਲਾ॥		Aap Agochar Purakh Niraalaa ||	The Lord Himself is unfathomable and detached.	ਸਰਬ-ਵਿਆਪਕ (-ਪੁਰਖ) ਪਰਮਾਤਮਾ ਆਪ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ ਤੇ ਨਿਰਲੇਪ ਹੈ।
35757	839	ਇਕਿ ਭ੍ਰਮਿ ਭੂਖੇ ਮੋਹ ਪਿਆਸੇ॥		Eik Bhram Bhookhae Moh Piaasae ||	Some are gripped by doubt, hunger, emotional attachment and desire.	(ਅਜਿਹੇ) ਅਨੇਕਾਂ ਜੀਵ ਭਟਕਣਾ ਦੇ ਕਾਰਨ ਤ੍ਰਿਸ਼ਨਾ-ਅਧੀਨ ਹਨ, ਮਾਇਆ ਦੇ ਮੋਹ ਵਿਚ ਫਸੇ ਹੋਏ ਹਨ।
35758	839	ਇਕਿ ਰਸੁ ਚਾਖਿ ਸਬਦਿ ਤ੍ਰਿਪਤਾਸੇ॥		Eik Ras Chaakh Sabadh Thripathaasae ||	Some taste the sublime essence of the Shabad, and are satisfied.	ਪਰ ਕਈ ਐਸੇ (ਭਾਗਾਂ ਵਾਲੇ) ਹਨ ਜੋ (ਪਰਮਾਤਮਾ ਦੇ ਨਾਮ ਦਾ) ਸੁਆਦ ਚੱਖ ਕੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਮਾਇਆ ਵਲੋਂ ਰੱਜੇ ਹੋਏ ਹਨ, ਤੇ ਪਰਮਾਤਮਾ ਦੇ ਨਾਮ ਦੇ ਰੰਗ ਵਿਚ ਰੰਗੇ ਹੋਏ ਹਨ।

35759	839	ਇਕਿ ਰੰਗਿ ਰਾਤੇ ਇਕਿ ਮਰਿ ਧੂਰਿ॥		Eik Rang Raathae Eik Mar Dhhoor ||	Some are imbued with the Lord's Love, while some die, and are reduced to dust.	ਪਰ ਇਕ ਐਸੇ ਹਨ ਜੋ ਆਤਮਕ ਮੌਤ ਸਹੇੜ ਕੇ ਮਿੱਟੀ ਹੋਏ ਪਏ ਹਨ (ਜੀਵਨ ਉੱਕਾ ਹੀ ਗਵਾ ਚੁਕੇ ਹਨ)।
35760	839	ਇਕਿ ਦਰਿ ਘਰਿ ਸਾਚੈ ਦੇਖਿ ਹਦੂਰਿ॥੬॥		Eik Dhar Ghar Saachai Dhaekh Hadhoor ||6||	Some attain the Court and the Mansion of the True Lord, and behold Him, ever-present. ||6||	ਇਕ ਐਸੇ ਹਨ ਜੋ ਪ੍ਰਭੂ ਨੂੰ ਆਪਣੇ ਅੰਗ-ਸੰਗ ਵੇਖ ਕੇ ਉਸ ਸਦਾ-ਥਿਰ ਪ੍ਰਭੂ ਦੇ ਦਰ ਤੇ ਟਿਕੇ ਰਹਿੰਦੇ ਹਨ ਉਸ ਦੇ ਚਰਨਾਂ ਵਿਚ ਜੁੜੇ ਰਹਿੰਦੇ ਹਨ ॥੬॥
35761	839	ਝੂਠੇ ਕਉ ਨਾਹੀ ਪਤਿ ਨਾਉ॥		Jhoothae Ko Naahee Path Naao ||	The false one has no honor or fame;	ਜਿਹੜਾ ਮਨੁੱਖ ਦੁਨੀਆ ਦੇ ਪਦਾਰਥਾਂ ਦਾ ਹੀ ਪ੍ਰੇਮੀ ਬਣਿਆ ਰਹਿੰਦਾ ਹੈ, ਉਸ ਨੂੰ (ਲੋਕ ਪਰਲੋਕ ਵਿਚ ਕਿਤੇ ਭੀ) ਇੱਜ਼ਤ-ਆਦਰ ਨਸੀਬ ਨਹੀਂ ਹੁੰਦਾ।
35762	839	ਕਬਹੁ ਨ ਸੂਚਾ ਕਾਲਾ ਕਾਉ॥		Kabahu N Soochaa Kaalaa Kaao ||	Like the black crow, he never becomes pure.	ਜਿਸ ਮਨੁੱਖ ਦਾ ਮਨ ਵਿਕਾਰਾਂ ਨਾਲ ਕਾਂ ਵਾਂਗ ਕਾਲਾ ਹੋ ਜਾਏ ਉਹ (ਮਾਇਆ ਵਿਚ ਫਸਿਆ ਰਹਿ ਕੇ) ਕਦੇ ਭੀ ਪਵਿੱਤ੍ਰ ਨਹੀਂ ਹੋ ਸਕਦਾ।
35763	839	ਪਿੰਜਰਿ ਪੰਖੀ ਬੰਧਿਆ ਕੋਇ॥		Pinjar Pankhee Bandhhiaa Koe ||	He is like the bird, imprisoned in a cage;	ਕੋਈ ਪੰਛੀ ਪਿੰਜਰੇ ਵਿਚ ਕੈਦ ਹੋ ਜਾਏ,
35764	839	ਛੇਰੀਂ ਭਰਮੈ ਮੁਕਤਿ ਨ ਹੋਇ॥		Shhaereen Bharamai Mukath N Hoe ||	He paces back and forth behind the bars, but he is not released.	ਉਹ ਪਿੰਜਰੇ ਦੀਆਂ ਵਿਰਲਾਂ ਵਿਚ (ਬੇਸ਼ੱਕ) ਪਿਆ ਭਟਕੇ, (ਇਸ ਤਰ੍ਹਾਂ ਪਿੰਜਰੇ ਦੀ) ਕੈਦ ਵਿਚੋਂ ਨਿਕਲ ਨਹੀਂ ਸਕਦਾ।

35765	839	ਤਉ ਛੂਟੈ ਜਾ ਖਸਮੁ ਛਡਾਏ॥		Tho Shhoottai Jaa Khasam Shhaddaaeae ||	He alone is emancipated, whom the Lord and Master emancipates.	ਤਦੋਂ ਹੀ ਪਿੰਜਰੇ ਵਿਚੋਂ ਆਜ਼ਾਦ ਹੋਵੇਗਾ ਜੇ ਉਸ ਦਾ ਮਾਲਕ ਉਸ ਨੂੰ ਆਜ਼ਾਦੀ ਦੇਵੇ (ਤਿਵੇਂ ਹੀ ਮਾਇਆ ਦੇ ਮੋਹ ਵਿਚ ਕੈਦ ਹੋਏ ਜੀਵ ਨੂੰ ਮਾਲਕ-ਪ੍ਰਭੂ ਆਪ ਹੀ ਖ਼ਲਾਸੀ ਦੇਂਦਾ ਹੈ)।
35766	839	ਗੁਰਮਤਿ ਮੇਲੇ ਭਗਤਿ ਦ੍ਰਿੜਾਏ॥੭॥		Guramath Maelae Bhagath Dhrirraaeae ||7||	He follows the Guru's Teachings, and enshrines devotional worship. ||7||	ਪ੍ਰਭੂ ਉਸ ਨੂੰ ਗੁਰੂ ਦੀ ਮਤਿ ਵਿਚ ਜੋੜਦਾ ਹੈ, ਆਪਣੀ ਭਗਤੀ ਉਸ ਦੇ ਹਿਰਦੇ ਵਿਚ ਪੱਕੀ ਕਰ ਦੇਂਦਾ ਹੈ ॥੭॥
35767	839	ਖਸਟੀ ਖਟੁ ਦਰਸਨ ਪ੍ਰਭ ਸਾਜੇ॥		Khasattee Khatt Dharasan Prabh Saajae ||	The Sixth Day: God organized the six systems of Yoga.	ਪ੍ਰਭੂ ਨੂੰ ਮਿਲਣ ਵਾਸਤੇ (ਜੋਗੀ ਸੰਨਿਆਸੀ ਆਦਿਕ) ਛੇ ਭੇਖ ਬਣਾਏ ਗਏ,
35768	839	ਅਨਹਦ ਸਬਦੁ ਨਿਰਾਲਾ ਵਾਜੇ॥		Anehadh Sabadh Niraalaa Vaajae ||	The unstruck sound current of the Shabad vibrates of itself.	ਪਰ ਇਕ-ਰਸ ਸਿਫ਼ਤਿ-ਸਾਲਾਹ ਦਾ ਸ਼ਬਦ (-ਵਾਜਾ ਇਹਨਾਂ ਭੇਖਾਂ ਤੋਂ) ਵੱਖਰਾ ਹੀ ਵੱਜਦਾ ਹੈ (ਪ੍ਰਭਾਵ ਪਾਂਦਾ ਹੈ)।
35769	839	ਜੇ ਪ੍ਰਭ ਭਾਵੈ ਤਾ ਮਹਲਿ ਬੁਲਾਵੈ॥		Jae Prabh Bhaavai Thaa Mehal Bulaavai ||	If God wills it so, then one is summoned to the Mansion of His Presence.	ਜੇ ਪ੍ਰਭੂ ਨੂੰ (ਕੋਈ ਵਡ-ਭਾਗੀ) ਚੰਗਾ ਲੱਗ ਪਏ, ਤਾਂ ਉਸ ਨੂੰ ਪ੍ਰਭੂ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ।

35770	839	ਸਬਦੇ ਭੇਦੇ ਤਉ ਪਤਿ ਪਾਵੈ॥		Sabadhae Bhaedhae Tho Path Paavai ||	One who is pierced through by the Shabad, obtains honor.	ਜਦੋਂ ਕੋਈ ਮਨੁੱਖ ਸਿਫ਼ਤਿ-ਸਾਲਾਹ ਦੀ ਬਾਣੀ ਦੀ ਰਾਹੀਂ (ਆਪਣੇ ਮਨ ਨੂੰ ਪ੍ਰਭੂ ਦੀ ਯਾਦ ਵਿਚ) ਪ੍ਰੋ ਲਏ, ਤਦੋਂ ਉਹ (ਪ੍ਰਭੂ ਦੀ ਹਜ਼ੂਰੀ ਵਿਚ) ਇੱਜ਼ਤ ਪਾਂਦਾ ਹੈ।
35771	839	ਕਰਿ ਕਰਿ ਵੇਸ ਖਪਹਿ ਜਲਿ ਜਾਵਹਿ॥		Kar Kar Vaes Khapehi Jal Jaavehi ||	Those who wear religious robes burn, and are ruined.	(ਭੇਖੀ ਸਾਧ) ਧਾਰਮਿਕ ਭੇਖ ਕਰ ਕਰ ਕੇ ਹੀ ਖਪਦੇ ਹਨ ਤੇ (ਤ੍ਰਿਸ਼ਨਾ-ਅੱਗ ਵਿਚ) ਸੜਦੇ ਰਹਿੰਦੇ ਹਨ।
35772	839	ਸਾਚੈ ਸਾਚੇ ਸਾਚਿ ਸਮਾਵਹਿ॥੮॥		Saachai Saachae Saach Samaavehi ||8||	Through Truth, the truthful ones merge into the True Lord. ||8||	ਜਿਹੜੇ ਮਨੁੱਖ ਸਦਾ-ਥਿਰ ਪ੍ਰਭੂ-ਨਾਮ ਦੇ ਸਿਮਰਨ ਦੀ ਰਾਹੀਂ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦੇ ਹਨ ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਜਾਂਦੇ ਹਨ ॥੮॥
35773	839	ਸਪਤਮੀ ਸਤੁ ਸੰਤੋਖੁ ਸਰੀਰਿ॥		Sapathamee Sath Santhokh Sareer ||	The Seventh Day: When the body is imbued with Truth and contentment,	ਜਿਸ ਮਨੁੱਖ ਦੇ ਅੰਦਰ ਦੂਜਿਆਂ ਦੀ ਸੇਵਾ ਤੇ ਸੰਤੋਖ (ਪਲ੍ਹਰਦੇ) ਹਨ, ਜਿਸ ਮਨੁੱਖ ਦੇ ਪੰਜੇ ਗਿਆਨ-ਇੰਦ੍ਰੇ,
35774	839	ਸਾਤ ਸਮੁੰਦ ਭਰੇ ਨਿਰਮਲ ਨੀਰਿ॥		Saath Samundh Bharae Niramal Neer ||	The seven seas within are filled with the Immaculate Water.	ਮਨ ਅਤੇ ਬੁੱਧੀ ਪਰਮਾਤਮਾ ਦੇ ਪਵਿੱਤ੍ਰ ਨਾਮ-ਜਲ ਨਾਲ ਭਰਪੂਰ ਹੋ ਜਾਂਦੇ ਹਨ।
35775	839	ਮਜਨੁ ਸੀਲੁ ਸਚੁ ਰਿਦੈ ਵੀਚਾਰਿ॥	ਮੱਜਨੁ	Majan Seel Sach Ridhai Veechaar ||	Bathing in good conduct, and contemplating the True Lord within the heart,	ਜੋ ਮਨੁੱਖ ਸਦਾ-ਥਿਰ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਟਿਕਾ ਕੇ (ਅੰਤਰ ਆਤਮੇ) ਪਵਿਤ੍ਰ-ਆਚਰਨ-ਰੂਪ ਇਸ਼ਨਾਨ ਕਰਦਾ ਰਹਿੰਦਾ ਹੈ,

35776	839	ਗੁਰ ਕੈ ਸਬਦਿ ਪਾਵੈ ਸਭਿ ਪਾਰਿ॥		Gur Kai Sabadh Paavai Sabh Paar ||	One obtains the Word of the Guru's Shabad, and carries everyone across.	ਉਹ ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਸਾਰਿਆਂ ਨੂੰ (ਭਾਵ, ਪੰਜੇ ਗਿਆਨ-ਇੰਦ੍ਰਿਆਂ, ਮਨ ਤੇ ਬੁੱਧੀ ਨੂੰ ਵਿਕਾਰਾਂ ਦੇ ਪ੍ਰਭਾਵ ਤੋਂ) ਪਾਰ ਲੰਘਾ ਲੈਂਦਾ ਹੈ।
35777	839	ਮਨਿ ਸਾਚਾ ਮੁਖਿ ਸਾਚਉ ਭਾਇ॥		Man Saachaa Mukh Saacho Bhaae ||	With the True Lord in the mind, and the True Lord lovingly on one's lips,	ਜਿਸ ਮਨੁੱਖ ਦੇ ਮਨ ਵਿਚ ਸਦਾ-ਥਿਰ ਪ੍ਰਭੂ ਵੱਸਦਾ ਹੈ, ਜਿਸ ਮਨੁੱਖ ਦੀ ਜੀਭ ਉਤੇ ਸਦਾ-ਥਿਰ ਪ੍ਰਭੂ ਹੀ ਵੱਸਦਾ ਹੈ, ਜੋ ਸਦਾ ਪ੍ਰਭੂ ਦੇ ਪ੍ਰੇਮ ਵਿਚ ਲੀਨ ਰਹਿੰਦਾ ਹੈ,
35778	839	ਸਚੁ ਨੀਸਾਣੈ ਠਾਕ ਨ ਪਾਇ॥੯॥		Sach Neesaanai Thaak N Paae ||9||	One is blessed with the banner of Truth, and meets with no obstructions. ||9||	ਸਦਾ-ਥਿਰ ਨਾਮ ਉਸ ਦੇ ਪਾਸ (ਜੀਵਨ-ਸਫ਼ਰ ਵਿਚ) ਰਾਹਦਾਰੀ ਹੈ, ਇਸ ਰਾਹਦਾਰੀ ਦੇ ਕਾਰਨ (ਉਸ ਦੇ ਰਾਹ ਵਿਚ ਵਿਕਾਰ ਆਦਿਕਾਂ ਦੀ ਕੋਈ) ਰੋਕ ਨਹੀਂ ਪੈਂਦੀ ॥੯॥
35779	839	ਅਸਟਮੀ ਅਸਟ ਸਿਧਿ ਬੁਧਿ ਸਾਧੈ॥	ਸਿੱਧਿ। ਬੁੱਧਿ	Asattamee Asatt Sidhh Budhh Saadhhai ||	The Eighth Day: The eight miraculous powers come when one subdues his own mind,	ਜਿਹੜਾ ਮਨੁੱਖ (ਜੋਗੀਆਂ ਵਾਲੀਆਂ) ਅੱਠ ਸਿੱਧੀਆਂ ਹਾਸਲ ਕਰਨ ਦੀ ਤਾਂਘ ਰੱਖਣ ਵਾਲੀ ਬੁੱਧੀ ਨੂੰ ਆਪਣੇ ਕਾਬੂ ਵਿਚ ਰੱਖਦਾ ਹੈ (ਭਾਵ, ਜੋ ਮਨੁੱਖ ਸਿੱਧੀਆਂ ਪ੍ਰਾਪਤ ਕਰਨ ਦੀ ਲਾਲਸਾ ਤੋਂ ਉਤਾਂਹ ਰਹਿੰਦਾ ਹੈ),

35780	839	ਸਚੁ ਨਿਹਕੇਵਲੁ ਕਰਮਿ ਅਰਾਧੈ॥		Sach Nihakaeval Karam Araadhhai ||	And contemplates the True Lord through pure actions.	ਜੋ ਪਵਿਤ੍ਰ-ਸਰੂਪ ਸਦਾ-ਥਿਰ ਪ੍ਰਭੂ ਨੂੰ ਉਸ ਦੀ ਮਿਹਰ ਨਾਲ (ਸਦਾ) ਸਿਮਰਦਾ ਹੈ,
35781	839	ਪਉਣ ਪਾਣੀ ਅਗਨੀ ਬਿਸਰਾਉ॥		Poun Paanee Aganee Bisaraao ||	Forget the three qualities of wind, water and fire,	ਜਿਸ ਦੇ ਹਿਰਦੇ ਵਿਚ ਰਜੋ ਸਤੋ ਅਤੇ ਤਮੋ ਗੁਣ ਦਾ ਅਭਾਵ ਰਹਿੰਦਾ ਹੈ,
35782	839	ਤਹੀ ਨਿਰੰਜਨੁ ਸਾਚੋ ਨਾਉ॥		Thehee Niranjan Saacho Naao ||	And concentrate on the pure True Name.	ਉਸੇ ਹਿਰਦੇ ਵਿਚ ਨਿਰਲੇਪ ਪਰਮਾਤਮਾ ਵੱਸਦਾ ਹੈ, ਸਦਾ-ਥਿਰ ਪ੍ਰਭੂ-ਨਾਮ ਵੱਸਦਾ ਹੈ।
35783	839	ਤਿਸੁ ਮਹਿ ਮਨੂਆ ਰਹਿਆ ਲਿਵ ਲਾਇ॥		This Mehi Manooaa Rehiaa Liv Laae ||	That human who remains lovingly focused on the Lord,	ਜਿਸ ਮਨੁੱਖ ਦਾ ਮਨ ਉਸ ਅਕਾਲ ਪੁਰਖ ਵਿਚ ਸਦਾ ਲੀਨ ਰਹਿੰਦਾ ਹੈ,
35784	839	ਪ੍ਰਣਵਤਿ ਨਾਨਕੁ ਕਾਲੁ ਨ ਖਾਇ॥੧੦॥		Pranavath Naanak Kaal N Khaae ||10||	Prays Nanak, shall not be consumed by death. ||10||	ਨਾਨਕ ਆਖਦਾ ਹੈ, ਉਸ ਨੂੰ ਆਤਮਕ ਮੌਤ ਨਹੀਂ ਖਾਂਦੀ (ਆਤਮਕ ਮੌਤ ਉਸ ਦੇ ਆਤਮਕ ਜੀਵਨ ਨੂੰ ਤਬਾਹ ਨਹੀਂ ਕਰਦੀ) ॥੧੦॥
35785	839	ਨਾਉ ਨਉਮੀ ਨਵੇ ਨਾਥ ਨਵ ਖੰਡਾ॥		Naao Noumee Navae Naathh Nav Khanddaa ||	The Ninth Day: The Name is the supreme almighty Master of the nine masters of Yoga,	ਜੋਗੀਆਂ ਦੇ ਨੌ ਹੀ ਨਾਥ ਤੇ ਧਰਤੀ ਦੇ ਸਾਰੇ ਜੀਵ ਜਿਸ ਦਾ ਨਾਮ ਜਪਦੇ ਹਨ,
35786	839	ਘਟਿ ਘਟਿ ਨਾਥੁ ਮਹਾ ਬਲਵੰਡਾ॥		Ghatt Ghatt Naathh Mehaa Balavanddaa ||	The nine realms of the earth, and each and every heart.	(ਅਸਲ) ਨਾਥ (ਉਹ ਪ੍ਰਭੂ ਹੈ ਜੋ) ਹਰੇਕ ਸਰੀਰ ਵਿਚ ਵਿਆਪਕ ਹੈ, ਜੋ ਮਹਾ ਬਲੀ ਹੈ।

35787	840	ਆਈ ਪੂਤਾ ਇਹੁ ਜਗੁ ਸਾਰਾ॥		Aaee Poothaa Eihu Jag Saaraa ||	This whole world is the child of Maya.	(ਉਹ ਨਾਥ-ਪ੍ਰਭੂ ਸਾਰੇ ਜਗਤ ਦੀ ਮਾਂ ਹੈ) ਇਹ ਸਾਰਾ ਜਗਤ ਉਸ ਮਾਂ (-ਨਾਥ-ਪ੍ਰਭੂ) ਦਾ ਪੁੱਤਰ ਹੈ (ਪੈਦਾ ਕੀਤਾ ਹੋਇਆ ਹੈ)।
35788	840	ਪ੍ਰਭ ਆਦੇਸੁ ਆਦਿ ਰਖਵਾਰਾ॥		Prabh Aadhaes Aadh Rakhavaaraa ||	I bow in submission to God, my Protector from the very beginning of time.	ਉਸ ਪ੍ਰਭੂ ਨੂੰ ਹੀ ਨਮਸਕਾਰ ਕਰਨੀ ਚਾਹੀਦੀ ਹੈ, ਉਹ ਸਭ ਦਾ ਮੁੱਢ ਹੈ, ਸਭ ਦਾ ਰਾਖਾ ਹੈ।
35789	840	ਆਦਿ ਜੁਗਾਦੀ ਹੈ ਭੀ ਹੋਗੁ॥		Aadh Jugaadhee Hai Bhee Hog ||	He was in the beginning, He has been throughout the ages, He is now, and He shall always be.	ਉਹ ਪ੍ਰਭੂ ਮੁੱਢ ਤੋਂ ਹੈ, ਜੁਗਾਂ ਦੇ ਸ਼ੁਰੂ ਤੋਂ ਹੀ ਹੈ, ਹੁਣ ਭੀ ਹੈ ਤੇ ਸਦਾ ਲਈ ਮੌਜੂਦ ਰਹੇਗਾ।
35790	840	ਓਹੁ ਅਪਰੰਪਰੁ ਕਰਣੈ ਜੋਗੁ॥੧੧॥	ਅਪ-ਰੰਪਰੁ	Ouhu Aparanpar Karanai Jog ||11||	He is unlimited, and capable of doing everything. ||11||	ਉਹ ਪ੍ਰਭੂ-ਨਾਥ ਪਰੇ ਤੋਂ ਪਰੇ ਹੈ (ਉਸ ਦਾ ਪਾਰ ਨਹੀਂ ਪਾਇਆ ਜਾ ਸਕਦਾ) ਉਹ ਸਭ ਕੁਝ ਕਰਨ ਦੀ ਤਾਕਤ ਰੱਖਦਾ ਹੈ ॥੧੧॥
35791	840	ਦਸਮੀ ਨਾਮੁ ਦਾਨੁ ਇਸਨਾਨੁ॥		Dhasamee Naam Dhaan Eisanaan ||	The Tenth Day: Meditate on the Naam, give to charity, and purify yourself.	ਪਰਮਾਤਮਾ ਦਾ ਨਾਮ ਜਪਣਾ ਹੀ ਦਸਵੀਂ ਥਿਤ ਤੇ ਦਾਨ ਕਰਨਾ ਤੇ ਇਸ਼ਨਾਨ ਕਰਨਾ ਹੈ।
35792	840	ਅਨ ਦਿਨੁ ਮਜਨੁ ਸਚਾ ਗੁਣ ਗਿਆਨੁ॥	ਮੱਜਨੁ	Anadhin Majan Sachaa Gun Giaan ||	Night and day, bathe in spiritual wisdom and the Glorious Virtues of the True Lord.	ਪ੍ਰਭੂ ਦੇ ਗੁਣਾਂ ਨਾਲ ਡੂੰਘੀ ਸਾਂਝ ਹੀ ਸਦਾ-ਥਿਰ ਰਹਿਣ ਵਾਲਾ ਨਿੱਤ ਦਾ ਤੀਰਥ-ਇਸ਼ਨਾਨ ਹੈ।

35793	840	ਸਚਿ ਮੈਲੁ ਨ ਲਾਗੈ ਭ੍ਰਮੁ ਭਉ ਭਾਗੈ॥		Sach Mail N Laagai Bhram Bho Bhaagai ||	Truth cannot be polluted; doubt and fear run away from it.	ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜਿਆਂ (ਮਨ ਨੂੰ ਵਿਕਾਰਾਂ ਦੀ) ਮੈਲ ਨਹੀਂ ਲੱਗਦੀ, ਮਨ ਦੀ ਭਟਕਣਾ ਦੂਰ ਹੋ ਜਾਂਦੀ ਹੈ, ਮਨ ਦਾ ਸਹਿਮ ਮੁੱਕ ਜਾਂਦਾ ਹੈ,
35794	840	ਬਿਲਮੁ ਨ ਤੂਟਸਿ ਕਾਚੈ ਤਾਗੈ॥		Bilam N Thoottas Kaachai Thaagai ||	The flimsy thread breaks in an instant.	(ਇਉਂ ਤੁਰਤ ਮੁੱਕਦਾ ਹੈ, ਜਿਵੇਂ) ਕੱਚੇ ਧਾਗੇ ਨੂੰ ਟੁੱਟਦਿਆਂ ਚਿਰ ਨਹੀਂ ਲੱਗਦਾ।
35795	840	ਜਿਉ ਤਾਗਾ ਜਗੁ ਏਵੈ ਜਾਣਹੁ॥		Jio Thaagaa Jag Eaevai Jaanahu ||	Know that the world is just like this thread.	(ਹੇ ਭਾਈ!) ਜਗਤ (ਦੇ ਸੰਬੰਧ) ਨੂੰ ਇਉਂ ਹੀ ਸਮਝੋ ਜਿਵੇਂ ਕੱਚਾ ਧਾਗਾ ਹੈ।
35796	840	ਅਸਥਿਰੁ ਚੀਤੁ ਸਾਚਿ ਰੰਗੁ ਮਾਣਹੁ॥੧੨॥		Asathhir Cheeth Saach Rang Maanahu ||12||	Your consciousness shall become steady and stable, enjoying the Love of the True Lord. ||12||	ਆਪਣੇ ਮਨ ਨੂੰ ਸਦਾ-ਥਿਰ ਪ੍ਰਭੂ-ਨਾਮ ਵਿਚ ਟਿਕਾ ਕੇ ਰੱਖੋ, ਅਤੇ ਆਤਮਕ ਆਨੰਦ ਮਾਣੋ ॥੧੨॥
35797	840	ਏਕਾਦਸੀ ਇਕੁ ਰਿਦੈ ਵਸਾਵੈ॥		Eaekaadhasee Eik Ridhai Vasaavai ||	The Eleventh Day: Enshrine the One Lord within your heart.	ਜਿਹੜਾ ਮਨੁੱਖ ਇਕ (ਪਰਮਾਤਮਾ) ਨੂੰ (ਆਪਣੇ) ਹਿਰਦੇ ਵਿਚ ਵਸਾਂਦਾ ਹੈ,
35798	840	ਹਿੰਸਾ ਮਮਤਾ ਮੋਹੁ ਚੁਕਾਵੈ॥		Hinsaa Mamathaa Mohu Chukaavai ||	Eradicate cruelty, egotism and emotional attachment.	(ਉਹ ਮਨੁੱਖ ਆਪਣੇ ਅੰਦਰੋਂ) ਨਿਰਦਇਤਾ, ਮਾਇਆ ਦੀ ਅਪਣੱਤ ਅਤੇ ਮਾਇਆ ਦਾ ਮੋਹ ਦੂਰ ਕਰ ਲੈਂਦਾ ਹੈ।

35799	840	ਫਲੁ ਪਾਵੈ ਬ੍ਰਤੁ ਆਤਮ ਚੀਨ੍ਹੈ॥		Fal Paavai Brath Aatham Cheenai ||	Earn the fruitful rewards, by observing the fast of knowing your own self.	(ਜਿਹੜਾ ਮਨੁੱਖ ਹਿੰਸਾ ਮੋਹ ਆਦਿਕ ਤੋਂ ਬਚੇ ਰਹਿਣ ਵਾਲਾ ਇਹ) ਵਰਤ (ਰੱਖਦਾ ਹੈ, ਉਹ ਇਸ ਵਰਤ ਦਾ ਇਹ) ਫਲ ਪ੍ਰਾਪਤ ਕਰਦਾ ਹੈ ਕਿ (ਸਦਾ) ਆਪਣੇ ਆਤਮਕ ਜੀਵਨ ਨੂੰ ਪਰਖਦਾ ਰਹਿੰਦਾ ਹੈ।
35800	840	ਪਾਖੰਡਿ ਰਾਚਿ ਤਤੁ ਨਹੀ ਬੀਨੈ॥		Paakhandd Raach Thath Nehee Beenai ||	One who is engrossed in hypocrisy, does not see the true essence.	ਪਰ ਵਿਖਾਵੇ (ਦੇ ਵਰਤ) ਵਿਚ ਪਤੀਜ ਕੇ ਮਨੁੱਖ (ਸਾਰੇ ਜਗਤ ਦੇ) ਮੂਲ (ਪਰਮਾਤਮਾ ਨੂੰ) ਨਹੀਂ ਵੇਖ ਸਕਦਾ।
35801	840	ਨਿਰਮਲੁ ਨਿਰਾਹਾਰੁ ਨਿਹਕੇਵਲੁ॥		Niramal Niraahaar Nihakaeval ||	The Lord is immaculate, self-sustaining and unattached.	ਹੇ ਭਾਈ! ਪਰਮਾਤਮਾ ਨੂੰ ਵਿਕਾਰਾਂ ਦੀ ਮੈਲ ਨਹੀਂ ਲੱਗਦੀ, ਪਰਮਾਤਮਾ ਨੂੰ ਕਿਸੇ ਖ਼ੁਰਾਕ ਦੀ ਲੋੜ ਨਹੀਂ (ਉਹ ਹਰ ਵੇਲੇ ਹੀ ਬ੍ਰਤ-ਧਾਰੀ ਹੈ), ਪਰਮਾਤਮਾ ਸੁੱਧ-ਸਰੂਪ ਹੈ,
35802	840	ਸੂਚੈ ਸਾਚੇ ਨਾ ਲਾਗੈ ਮਲੁ ॥੧੩॥		Soochai Saachae Naa Laagai Mal ||13||	The Pure, True Lord cannot be polluted. ||13||	(ਜਿਹੜੇ ਮਨੁੱਖ ਉਸ) ਪਵਿੱਤਰ ਪ੍ਰਭੂ ਵਿਚ (ਜੁੜ ਕੇ) ਉਸ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦੇ ਹਨ, ਉਹਨਾਂ ਨੂੰ (ਵੀ ਵਿਕਾਰਾਂ ਦੀ) ਮੈਲ ਨਹੀਂ ਲੱਗਦੀ ॥੧੩॥
35803	840	ਜਹ ਦੇਖਉ ਤਹ ਏਕੋ ਏਕਾ॥		Jeh Dhaekho Theh Eaeko Eaekaa ||	Wherever I look, I see the One Lord there.	ਮੈਂ ਜਿਧਰ ਵੇਖਦਾ ਹਾਂ, ਉਧਰ ਇਕ ਪਰਮਾਤਮਾ ਹੀ ਪਰਮਾਤਮਾ ਦਿੱਸਦਾ ਹੈ।

35804	840	ਹੋਰਿ ਜੀਅ ਉਪਾਏ ਵੇਕੋ ਵੇਕਾ॥		Hor Jeea Oupaaeae Vaeko Vaekaa ||	He created the other beings, of many and various kinds.	(ਉਸ ਨੇ) ਭਾਂਤ ਭਾਂਤ ਦੇ ਇਹ ਸਾਰੇ ਜੀਵ ਪੈਦਾ ਕੀਤੇ ਹੋਏ ਹਨ (ਜੋ ਵਰਤ ਆਦਿਕ ਕਈ ਭਰਮਾਂ ਵਿਚ ਪਏ ਰਹਿੰਦੇ ਹਨ)।
35805	840	ਫਲੋਹਾਰ ਕੀਏ ਫਲੁ ਜਾਇ॥		Falohaar Keeeae Fal Jaae ||	Eating only fruits, one loses the fruits of life.	ਹੇ ਭਾਈ! (ਏਕਾਦਸੀ ਵਾਲੇ ਦਿਨ ਅੰਨ ਛੱਡ ਕੇ) ਨਿਰੇ ਫਲ ਖਾਧਿਆਂ (ਵਰਤ ਦਾ ਅਸਲ) ਫਲ ਨਹੀਂ ਮਿਲਦਾ (ਅਸਲ ਵਰਤ ਹੈ 'ਵਿਕਾਰਾਂ ਵਲੋਂ ਪਰਹੇਜ਼', ਉਸ ਦਾ ਫਲ ਹੈ 'ਉੱਚਾ ਆਤਮਕ ਜੀਵਨ')।
35806	840	ਰਸ ਕਸ ਖਾਏ ਸਾਦੁ ਗਵਾਇ॥		Ras Kas Khaaeae Saadh Gavaae ||	Eating only delicacies of various sorts, one loses the true taste.	(ਅੰਨ ਦੇ ਥਾਂ) ਕਈ ਸੁਆਦਾਂ ਵਾਲੇ ਫਲ ਆਦਿਕ ਪਦਾਰਥ (ਜੋ ਮਨੁੱਖ) ਖਾਂਦਾ ਹੈ, (ਉਹ ਤਾਂ ਉਂਞ ਹੀ ਵਰਤ ਦਾ) ਮਜ਼ਾ ਗਵਾ ਲੈਂਦਾ ਹੈ।
35807	840	ਕੂੜੈ ਲਾਲਚਿ ਲਪਟੈ ਲਪਟਾਇ॥		Koorrai Laalach Lapattai Lapattaae ||	In fraud and greed, people are engrossed and entangled.	(ਵਰਤ ਰੱਖਣ ਵਾਲਾ ਮਨੁੱਖ ਵਰਤ ਦੇ ਫਲ ਦੀ ਆਸ ਧਾਰ ਕੇ) ਮਾਇਆ ਦੇ ਲਾਲਚ ਵਿਚ ਫਸਿਆ ਹੀ ਰਹਿੰਦਾ ਹੈ।
35808	840	ਛੂਟੈ ਗੁਰਮੁਖਿ ਸਾਚੁ ਕਮਾਇ॥੧੪॥		Shhoottai Guramukh Saach Kamaae ||14||	The Gurmukh is emancipated, practicing Truth. ||14||	(ਇਸ ਲਾਲਚ ਤੋਂ ਉਹ ਮਨੁੱਖ) ਖ਼ਲਾਸੀ ਹਾਸਲ ਕਰਦਾ ਹੈ ਜਿਹੜਾ ਗੁਰੂ ਦੀ ਸਰਨ ਪੈ ਕੇ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ ਦੀ ਕਮਾਈ ਕਰਦਾ ਹੈ ॥੧੪॥

35809	840	ਦੁਆਦਸਿ ਮੁਦ੍ਰਾ ਮਨੁ ਅਉਧੂਤਾ॥		Dhuaadhas Mudhraa Man Aoudhhoothaa ||	The Twelfth Day: One whose mind is not attached to the twelve signs,	ਹੇ ਭਾਈ! (ਉਹੀ ਹਨ ਅਸਲ) ਤਿਆਗੀ, (ਉਹਨਾਂ ਦਾ) ਮਨ (ਮਾਨੋ, ਭੇਖਾਂ ਦੇ) ਬਾਰਾਂ ਹੀ ਚਿੰਨ੍ਹਾਂ ਦਾ ਧਾਰਨੀ ਹੁੰਦਾ ਹੈ,
35810	840	ਅਹਿ ਨਿਸਿ ਜਾਗਹਿ ਕਬਹਿ ਨ ਸੂਤਾ॥		Ahinis Jaagehi Kabehi N Soothaa ||	Remains awake day and night, and never sleeps.	(ਗੁਰੂ ਦੇ ਉਪਦੇਸ਼ ਵਿਚ ਜੁੜ ਕੇ ਜਿਹੜੇ ਮਨੁੱਖ) ਦਿਨ ਰਾਤ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੇ ਹਨ (ਮਾਇਆ ਦੇ ਮੋਹ ਦੀ ਨੀਂਦ ਵਿਚ) ਕਦੇ ਨਹੀਂ ਸੌਂਦੇ।
35811	840	ਜਾਗਤੁ ਜਾਗਿ ਰਹੈ ਲਿਵ ਲਾਇ॥		Jaagath Jaag Rehai Liv Laae ||	He remains awake and aware, lovingly centered on the Lord.	ਹੇ ਭਾਈ! ਗੁਰੂ ਦੇ ਉਪਦੇਸ਼ ਵਿਚ (ਟਿਕ ਕੇ ਜਿਹੜਾ ਮਨੁੱਖ ਮਾਇਆ ਦੇ ਹੱਲਿਆਂ ਵਲੋਂ) ਜਾਗਦਾ ਰਹਿੰਦਾ ਹੈ,
35812	840	ਗੁਰ ਪਰਚੈ ਤਿਸੁ ਕਾਲੁ ਨ ਖਾਇ॥		Gur Parachai This Kaal N Khaae ||	With faith in the Guru, he is not consumed by death.	ਅਤੇ ਸੁਚੇਤ ਰਹਿ ਕੇ (ਪ੍ਰਭੂ-ਚਰਨਾਂ ਵਿਚ) ਸੁਰਤ ਜੋੜੀ ਰੱਖਦਾ ਹੈ, ਉਸ (ਦੇ ਆਤਮਕ ਜੀਵਨ) ਨੂੰ (ਆਤਮਕ) ਮੌਤ ਖਾ ਨਹੀਂ ਸਕਦੀ।
35813	840	ਅਤੀਤ ਭਏ ਮਾਰੇ ਬੈਰਾਈ॥		Atheeth Bheae Maarae Bairaaee ||	Those who become detached, and conquer the five enemies	ਉਹਨਾਂ ਨੇ (ਕਾਮਾਦਿਕ) ਸਾਰੇ ਵੈਰੀ ਮੁਕਾ ਲਏ, ਉਹ (ਅਸਲ) ਤਿਆਗੀ ਬਣ ਗਏ।
35814	840	ਪ੍ਰਣਵਤਿ ਨਾਨਕ ਤਹ ਲਿਵ ਲਾਈ॥੧੫॥		Pranavath Naanak Theh Liv Laaee ||15||	- prays Nanak, they are lovingly absorbed in the Lord. ||15||	ਨਾਨਕ ਬੇਨਤੀ ਕਰਦਾ ਹੈ- (ਉਨ੍ਹਾਂ ਮਨੁੱਖਾਂ ਨੇ ਸੁਚੇਤ ਰਹਿ ਕੇ) ਉਥੇ (ਪ੍ਰਭੂ-ਚਰਨਾਂ ਵਿਚ) ਸੁਰਤ ਜੋੜੀ ਹੋਈ ਹੈ ॥੧੫॥

35815	840	ਦੁਆਦਸੀ ਦਇਆ ਦਾਨੁ ਕਰਿ ਜਾਣੈ॥		Dhuaadhasee Dhaeiaa Dhaan Kar Jaanai ||	The Twelfth Day: Know, and practice, compassion and charity.	ਹੇ ਭਾਈ! (ਕਰਮ-ਕਾਂਡੀ ਮਨੁੱਖ ਕਿਸੇ ਵਰਤ ਆਦਿਕ ਸਮੇ ਮਾਇਆ ਦਾ ਦਾਨ ਕਰਦਾ ਹੈ, ਅਤੇ ਕਿਸੇ ਮੰਤ੍ਰ ਦਾ ਅਜਪਾ ਜਾਪ ਕਰਦਾ ਹੈ, ਪਰ ਜਿਹੜਾ ਮਨੁੱਖ ਬੰਦਿਆਂ ਵਿਚ) ਪਿਆਰ ਵੰਡਣਾ ਜਾਣਦਾ ਹੈ,
35816	840	ਬਾਹਰਿ ਜਾਤੋ ਭੀਤਰਿ ਆਣੈ॥	ਜੱਾਤੋ:ਕਸਕੇ	Baahar Jaatho Bheethar Aanai ||	Bring your out-going mind back home.	ਬਾਹਰ ਭਟਕਦੇ ਮਨ ਨੂੰ (ਹਰਿ-ਨਾਮ ਦੀ ਸਹਾਇਤਾ ਨਾਲ ਆਪਣੇ) ਅੰਦਰ ਹੀ ਲੈ ਆਉਂਦਾ ਹੈ,
35817	840	ਬਰਤੀ ਬਰਤ ਰਹੈ ਨਿਹਕਾਮ॥		Barathee Barath Rehai Nihakaam ||	Observe the fast of remaining free of desire.	ਜਿਹੜਾ ਮਨੁੱਖ ਵਾਸਨਾ-ਰਹਿਤ ਜੀਵਨ ਜੀਊਂਦਾ ਹੈ,
35818	840	ਅਜਪਾ ਜਾਪੁ ਜਪੈ ਮੁਖਿ ਨਾਮ॥	ਅ-ਜਪਾ:ਪੋਲਾ ਬੋਲੋ	Ajapaa Jaap Japai Mukh Naam ||	Chant the unchanted Chant of the Naam with your mouth.	ਅਤੇ ਮੂੰਹੋਂ ਪਰਮਾਤਮਾ ਦਾ ਨਾਮ ਜਪਦਾ ਹੈ, ਉਹ ਮਨੁੱਖ (ਮਾਨੋ) ਅਜਪਾ ਜਾਪ ਕਰ ਰਿਹਾ ਹੈ।
35819	840	ਤੀਨਿ ਭਵਣ ਮਹਿ ਏਕੋ ਜਾਣੈ॥		Theen Bhavan Mehi Eaeko Jaanai ||	Know that the One Lord is contained in the three worlds.	ਹੇ ਭਾਈ! ਜਿਹੜਾ ਮਨੁੱਖ ਸਾਰੇ ਸੰਸਾਰ ਵਿਚ ਇਕ ਪਰਮਾਤਮਾ ਨੂੰ ਹੀ ਵੱਸਦਾ ਸਮਝਦਾ ਹੈ,

35820	840	ਸਭਿ ਸੁਚਿ ਸੰਜਮ ਸਾਚੁ ਪਛਾਣੈ॥੧੬॥		Sabh Such Sanjam Saach Pashhaanai ||16||	Purity and self-discipline are all contained in knowing the Truth. ||16||	ਅਤੇ ਉਸ ਸਦਾ-ਥਿਰ ਪ੍ਰਭੂ ਨਾਲ ਡੂੰਘੀ ਸਾਂਝ ਪਾਈ ਰੱਖਦਾ ਹੈ, ਉਹ (ਮਾਨੇ) ਸਰੀਰਕ ਪਵਿਤ੍ਰੱਤਾ ਦੇ ਸਾਰੇ ਉੱਦਮ ਕਰ ਰਿਹਾ ਹੈ, ਗਿਆਨ-ਇੰਦ੍ਰਿਆਂ ਨੂੰ ਵੱਸ ਵਿਚ ਕਰਨ ਦੇ ਸਾਰੇ ਜਤਨ ਕਰ ਰਿਹਾ ਹੈ ॥੧੬॥
35821	840	ਤੇਰਸਿ ਤਰਵਰ ਸਮੁਦ ਕਨਾਰੈ॥	ਸਮੁੰਦ	Thaeras Tharavar Samudh Kanaarai ||	The Thirteenth Day: He is like a tree on the sea-shore.	ਹੇ ਭਾਈ! (ਜਿਵੇਂ) ਸਮੁੰਦਰ ਦੇ ਕੰਢੇ ਉੱਤੇ ਉੱਗੇ ਹੋਏ ਰੁੱਖ ਦੀ (ਪਾਂਇਆਂ ਹੈ, ਤਿਵੇਂ ਇਹ ਸਰੀਰ ਹੈ।
35822	840	ਅੰਮ੍ਰਿਤੁ ਮੂਲੁ ਸਿਖਰਿ ਲਿਵ ਤਾਰੈ॥		Anmrith Mool Sikhar Liv Thaarai ||	But his roots can become immortal, if his mind is attuned to the Lord's Love.	ਪਰ ਜਿਹੜਾ ਮਨੁੱਖ) ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨੂੰ (ਆਪਣੇ ਜੀਵਨ ਦੀ) ਜੜ੍ਹ ਬਣਾਂਦਾ ਹੈ, (ਉੱਕੀ) ਸੁਰਤ ਦੀ ਡੋਰ ਦੀ ਬਰਕਤ ਨਾਲ ਉਹ ਸਿਖਰ ਤੇ (ਪ੍ਰਭੂ-ਚਰਨਾਂ ਵਿਚ ਜਾ ਪਹੁੰਚਦਾ ਹੈ)।
35823	840	ਡਰ ਡਰਿ ਮਰੈ ਨ ਬੂਡੈ ਕੋਇ॥		Ddar Ddar Marai N Booddai Koe ||	Then, he will not die of fear or anxiety, and he will never drown.	(ਜਿਹੜਾ ਭੀ ਮਨੁੱਖ ਇਹ ਉੱਦਮ ਕਰਦਾ ਹੈ, ਉਹ ਸੰਸਾਰਕ) ਡਰਾਂ ਨਾਲ ਡਰ ਡਰ ਕੇ ਆਤਮਕ ਮੌਤ ਨਹੀਂ ਸਹੇੜਦਾ, ਉਹ (ਵਿਕਾਰਾਂ ਦੇ ਸਮੁੰਦਰ ਵਿਚ) ਨਹੀਂ ਡੁੱਬਦਾ।

35824	840	ਨਿਡਰੁ ਬੂਡਿ ਮਰੈ ਪਤਿ ਖੋਇ॥	ਨਿੱਡਰੁ	Niddar Boodd Marai Path Khoe ||	Without the Fear of God, he drowns and dies, and loses his honor.	(ਪਰ ਪਰਮਾਤਮਾ ਦਾ) ਡਰ-ਅਦਬ ਨਾਹ ਰੱਖਣ ਵਾਲਾ ਮਨੁੱਖ (ਲੋਕ ਪਰਲੋਕ ਦੀ) ਇੱਜ਼ਤ ਗਵਾ ਕੇ ਆਤਮਕ ਮੌਤ ਸਹੇੜ ਲੈਂਦਾ ਹੈ।
35825	840	ਡਰ ਮਹਿ ਘਰੁ ਘਰ ਮਹਿ ਡਰੁ ਜਾਣੈ॥		Ddar Mehi Ghar Ghar Mehi Ddar Jaanai ||	With the Fear of God in his heart, and his heart in the Fear of God, he knows God.	ਹੇ ਭਾਈ! (ਜਿਹੜਾ ਮਨੁੱਖ ਪਰਮਾਤਮਾ ਦੇ) ਡਰ-ਅਦਬ ਵਿਚ (ਆਪਣਾ) ਟਿਕਾਣਾ ਬਣਾਈ ਰੱਖਦਾ ਹੈ, ਜਿਹੜਾ ਮਨੁੱਖ ਆਪਣੇ ਹਿਰਦੇ-ਘਰ ਵਿਚ (ਪ੍ਰਭੂ ਦਾ) ਡਰ ਅਦਬ ਵਸਾਈ ਰੱਖਣਾ ਜਾਣਦਾ ਹੈ,
35826	840	ਤਖਤਿ ਨਿਵਾਸੁ ਸਚੁ ਮਨਿ ਭਾਣੈ॥੧੭॥		Thakhath Nivaas Sach Man Bhaanai ||17||	He sits on the throne, and becomes pleasing to the Mind of the True Lord. ||17||	ਜਿਸ ਮਨੁੱਖ ਨੂੰ ਆਪਣੇ ਮਨ ਵਿਚ ਸਦਾ-ਥਿਰ ਪ੍ਰਭੂ ਪਿਆਰਾ ਲੱਗਣ ਲੱਗ ਪੈਂਦਾ ਹੈ, ਉਸ ਨੂੰ (ਉੱਚੇ ਆਤਮਕ ਜੀਵਨ ਦੇ ਰੱਬੀ) ਤਖ਼ਤ ਉੱਤੇ ਨਿਵਾਸ ਮਿਲਦਾ ਹੈ ॥੧੭॥
35827	840	ਚਉਦਸਿ ਚਉਥੇ ਥਾਵਹਿ ਲਹਿ ਪਾਵੈ॥		Choudhas Chouthhae Thhaavehi Lehi Paavai ||	The Fourteenth Day: One who enters into the fourth state,	(ਜਦੋਂ ਮਨੁੱਖ ਗੁਰੂ ਦੀ ਕਿਰਪਾ ਨਾਲ) ਤੁਰੀਆ ਅਵਸਥਾ ਨੂੰ ਲੱਭ ਲੈਂਦਾ ਹੈ,
35828	840	ਰਾਜਸ ਤਾਮਸ ਸਤ ਕਾਲ ਸਮਾਵੈ॥		Raajas Thaamas Sath Kaal Samaavai ||	Overcomes time, and the three qualities of raajas, taamas and satva.	ਤਦੋਂ ਰਜੋ ਗੁਣ ਤਮੋ ਗੁਣ ਸਤੋ ਗੁਣ (ਮਾਇਆ ਦਾ ਇਹ ਹਰੇਕ ਗੁਣ ਉਸ ਚੌਥੇ ਪਦ ਵਿਚ) ਲੀਨ ਹੋ ਜਾਂਦਾ ਹੈ।
35829	840	ਸਸੀਅਰ ਕੈ ਘਰਿ ਸੂਰੁ ਸਮਾਵੈ॥		Saseear Kai Ghar Soor Samaavai ||	Then the sun enters into the house of the moon,	ਸ਼ਾਂਤੀ ਦੇ ਘਰ ਵਿਚ (ਮਨੁੱਖ ਦੇ ਮਨ ਦੀ) ਤਪਸ਼ ਸਮਾ ਜਾਂਦੀ ਹੈ,

35830	840	ਜੋਗ ਜੁਗਤਿ ਕੀ ਕੀਮਤਿ ਪਾਵੈ॥		Jog Jugath Kee Keemath Paavai ||	And one knows the value of the technology of Yoga.	(ਉਸ ਵੇਲੇ ਮਨੁੱਖ ਪਰਮਾਤਮਾ ਨਾਲ) ਮਿਲਾਪ ਦੀ ਜੁਗਤੀ ਦੀ ਕਦਰ ਸਮਝਦਾ ਹੈ।
35831	840	ਚਉਦਸਿ ਭਵਨ ਪਾਤਾਲ ਸਮਾਏ॥		Choudhas Bhavan Paathaal Samaaeae ||	He remains lovingly focused on God, who is permeating the fourteen worlds,	ਜਿਹੜਾ ਪਰਮਾਤਮਾ ਚੌਦਾਂ ਭਵਨਾਂ ਵਿਚ ਪਾਤਾਲਾਂ ਵਿਚ ਹਰ ਥਾਂ ਸਮਾਇਆ ਹੋਇਆ ਹੈ,
35832	840	ਖੰਡ ਬ੍ਰਹਮੰਡ ਰਹਿਆ ਲਿਵ ਲਾਏ॥੧੮॥		Khandd Brehamandd Rehiaa Liv Laaeae ||18||	The nether regions of the underworld, the galaxies and solar systems. ||18||	ਜਿਹੜਾ ਖੰਡਾਂ ਬ੍ਰਹਮੰਡਾਂ ਵਿਚ ਵਿਆਪਕ ਹੈ, ਤਦੋਂ ਮਨੁੱਖ ਉਸ ਪਰਮਾਤਮਾ ਵਿਚ ਸੁਰਤ ਜੋੜੀ ਰੱਖਦਾ ਹੈ ॥੧੮॥
35833	840	ਅਮਾਵਸਿਆ ਚੰਦੁ ਗੁਪਤੁ ਗੈਣਾਰਿ॥	(ਅਮਾਵਸਿਆ)ਮੱਸਿਆ	Amaavasiaa Chandh Gupath Gainaar ||	Amaavas - The Night of the New Moon: The moon is hidden in the sky.	ਹੇ ਭਾਈ! (ਜਿਵੇਂ) ਮੱਸਿਆ ਨੂੰ ਚੰਦ ਆਕਾਸ਼ ਵਿਚ ਗੁਪਤ ਰਹਿੰਦਾ ਹੈ (ਤਿਵੇਂ ਪਰਮਾਤਮਾ ਹਰੇਕ ਹਿਰਦੇ ਵਿਚ ਗੁਪਤ ਵੱਸ ਰਿਹਾ ਹੈ)।
35834	840	ਬੂਝਹੁ ਗਿਆਨੀ ਸਬਦੁ ਬੀਚਾਰਿ॥		Boojhahu Giaanee Sabadh Beechaar ||	O wise one, understand and contemplate the Word of the Shabad.	ਹੇ ਆਤਮਕ ਜੀਵਨ ਦੀ ਸੂਝ ਦੇ ਖੋਜੀ ਮਨੁੱਖ! ਗੁਰੂ ਦੇ ਸ਼ਬਦ ਨੂੰ ਮਨ ਵਿਚ ਵਸਾ ਕੇ (ਹੀ ਇਸ ਭੇਤ ਨੂੰ) ਸਮਝ ਸਕੋਗੇ।
35835	840	ਸਸੀਅਰੁ ਗਗਨਿ ਜੋਤਿ ਤਿਹੁ ਲੋਈ॥		Saseear Gagan Joth Thihu Loee ||	The moon in the sky illuminates the three worlds.	(ਜਿਵੇਂ) ਚੰਦ੍ਰਮਾ ਆਕਾਸ਼ ਵਿਚ (ਹਰ ਪਾਸੇ ਚਾਨਣ ਦੇ ਰਿਹਾ ਹੈ, ਤਿਵੇਂ ਪਰਮਾਤਮਾ ਦੀ) ਜੋਤਿ ਸਾਰੇ ਸੰਸਾਰ ਵਿਚ (ਜੀਵਨ-ਸੱਤਾ ਦੇ ਰਹੀ ਹੈ)।
35836	840	ਕਰਿ ਕਰਿ ਵੇਖੈ ਕਰਤਾ ਸੋਈ॥		Kar Kar Vaekhai Karathaa Soee ||	Creating the creation, the Creator beholds it.	ਉਹ ਕਰਤਾਰ ਆਪ ਹੀ (ਸਭ ਜੀਵਾਂ ਨੂੰ) ਪੈਦਾ ਕਰ ਕੇ (ਸਭ ਦੀ) ਸੰਭਾਲ ਕਰ ਰਿਹਾ ਹੈ।

35837	840	ਗੁਰ ਤੇ ਦੀਸੈ ਸੋ ਤਿਸ ਹੀ ਮਾਹਿ॥		Gur Thae Dheesai So This Hee Maahi ||	One who sees, through the Guru, merges into Him.	ਜਿਸ ਮਨੁੱਖ ਨੂੰ ਗੁਰੂ ਪਾਸੋਂ ਇਹ ਸੂਝ ਮਿਲ ਜਾਂਦੀ ਹੈ, ਉਹ ਮਨੁੱਖ ਉਸ ਪਰਮਾਤਮਾ ਵਿਚ ਹੀ ਸਦਾ ਲੀਨ ਰਹਿੰਦਾ ਹੈ।
35838	840	ਮਨਮੁਖਿ ਭੂਲੇ ਆਵਹਿ ਜਾਹਿ॥੧੯॥		Manamukh Bhoolae Aavehi Jaahi ||19||	The self-willed manmukhs are deluded, coming and going in reincarnation. ||19||	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਕੁਰਾਹੇ ਪੈ ਕੇ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ ॥੧੯॥
35839	840	ਘਰੁ ਦਰੁ ਥਾਪਿ ਥਿਰੁ ਥਾਨਿ ਸੁਹਾਵੈ॥		Ghar Dhar Thhaap Thhir Thhaan Suhaavai ||	One who establishes his home within his own heart, obtains the most beautiful, permanent place.	ਹੇ ਭਾਈ! ਪ੍ਰਭੂ-ਚਰਨਾਂ ਨੂੰ ਪ੍ਰਭੂ ਦੇ ਦਰ ਨੂੰ (ਆਪਣਾ) ਪੱਕਾ ਆਸਰਾ ਬਣਾ ਕੇ ਉਸ ਥਾਂ ਵਿਚ (ਪ੍ਰਭੂ-ਚਰਨਾਂ ਵਿਚ) ਟਿਕ ਕੇ ਮਨੁੱਖ ਸੋਹਣੇ ਜੀਵਨ ਵਾਲਾ ਬਣ ਜਾਂਦਾ ਹੈ।
35840	840	ਆਪੁ ਪਛਾਣੈ ਜਾ ਸਤਿਗੁਰੁ ਪਾਵੈ॥		Aap Pashhaanai Jaa Sathigur Paavai ||	One comes to understand his own self, when he finds the True Guru.	ਜਦੋਂ ਮਨੁੱਖ ਗੁਰੂ (ਦਾ ਮਿਲਾਪ) ਹਾਸਲ ਕਰ ਲੈਂਦਾ ਹੈ, ਤਦੋਂ ਆਪਣੇ ਆਤਮਕ ਜੀਵਨ ਨੂੰ ਪੜਤਾਲਣਾ ਸ਼ੁਰੂ ਕਰ ਦੇਂਦਾ ਹੈ।
35841	840	ਜਹ ਆਸਾ ਤਹ ਬਿਨਸਿ ਬਿਨਾਸਾ॥		Jeh Aasaa Theh Binas Binaasaa ||	Wherever there is hope, there is destruction and desolation.	ਜਿਸ ਹਿਰਦੇ ਵਿਚ (ਪਹਿਲਾਂ ਦੁਨੀਆ ਵਾਲੀਆਂ) ਆਸਾਂ (ਹੀ ਆਸਾਂ ਟਿਕੀਆਂ ਰਹਿੰਦੀਆਂ ਸਨ) ਉਥੇ ਆਸਾਂ ਦਾ ਪੂਰਨ ਅਭਾਵ ਹੋ ਜਾਂਦਾ ਹੈ,
35842	840	ਫੂਟੈ ਖਪਰੁ ਦੁਬਿਧਾ ਮਨਸਾ॥	ਫੁੱਟੈ। ਖੱਪਰੁ	Foottai Khapar Dhubidhhaa Manasaa ||	The bowl of duality and selfishness breaks.	(ਉਸ ਦੇ ਅੰਦਰੋਂ) ਮੇਰ-ਤੇਰ ਅਤੇ ਮਨ ਦੇ ਫੁਰਨਿਆਂ ਦਾ ਭਾਂਡਾ (ਹੀ) ਭੱਜ ਜਾਂਦਾ ਹੈ।

35843	840	ਮਮਤਾ ਜਾਲ ਤੇ ਰਹੈ ਉਦਾਸਾ॥	(ਤੇ)ਤੋਂ	Mamathaa Jaal Thae Rehai Oudhaasaa ||	Prays Nanak, I am the slave of that one,	ਉਹ ਮਨੁੱਖ (ਮਾਇਆ ਦੀ) ਮਮਤਾ ਦੇ ਜਾਲ ਤੋਂ ਵੱਖਰਾ ਰਹਿੰਦਾ ਹੈ।
35844	840	ਪ੍ਰਣਵਤਿ ਨਾਨਕ ਹਮ ਤਾ ਕੇ ਦਾਸਾ॥੨੦॥੧॥		Pranavath Naanak Ham Thaa Kae Dhaasaa ||20||1||	Who remains detached amidst the traps of attachment. ||20||1||	ਨਾਨਕ ਬੇਨਤੀ ਕਰਦਾ ਹੈ-ਮੈਂ ਇਹੋ ਜਿਹੇ ਮਨੁੱਖ ਦਾ (ਸਦਾ) ਦਾਸ ਹਾਂ ॥੨੦॥੧॥
35845	841	ਬਿਲਾਵਲੁ ਮਹਲਾ ੩ ਵਾਰ ਸਤ ਘਰੁ ੧੦		Bilaaval Mehalaa 3 Vaar Sath Ghar 10	Bilaaval, Third Mehl, The Seven Days, Tenth House:	ਰਾਗ ਬਿਲਾਵਲੁ, ਘਰ ੧੦ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ 'ਵਾਰ ਸਤ'।
35846	841	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
35847	841	ਆਦਿਤਵਾਰਿ ਆਦਿ ਪੁਰਖੁ ਹੈ ਸੋਈ॥	ਬਿਸਰਾਮ ਦਿਨਾਂ ਤੇ ਲਾਉ,ਸੱਤ।ਆਦਿੱਤ-ਵਾਰਿ	Aadhith Vaar Aadh Purakh Hai Soee ||	Sunday: He, the Lord, is the Primal Being.	ਹੇ ਭਾਈ! (ਸਾਰੇ ਜਗਤ ਦਾ) ਮੂਲ ਉਹ ਅਕਾਲ ਪੁਰਖ-
35848	841	ਆਪੇ ਵਰਤੈ ਅਵਰੁ ਨ ਕੋਈ॥		Aapae Varathai Avar N Koee ||	He Himself is the Pervading Lord; there is no other at all.	ਆਪ ਹੀ (ਸਭ ਥਾਂ) ਮੌਜੂਦ ਹੈ, (ਉਸ ਤੋਂ ਬਿਨਾ) ਹੋਰ ਕੋਈ ਨਹੀਂ ਹੈ।
35849	841	ਓਤਿ ਪੋਤਿ ਜਗੁ ਰਹਿਆ ਪਰੋਈ॥		Outh Poth Jag Rehiaa Paroee ||	Through and through, He is woven into the fabric of the world.	ਉਹ ਪਰਮਾਤਮਾ ਸਾਰੇ ਜਗਤ ਨੂੰ ਤਾਣੇ ਪੇਟੇ ਵਾਂਗ (ਆਪਣੀ ਰਜ਼ਾ ਵਿਚ) ਪ੍ਰੋ ਰਿਹਾ ਹੈ।

35850	841	ਆਪੇ ਕਰਤਾ ਕਰੈ ਸੁ ਹੋਈ॥		Aapae Karathaa Karai S Hoee ||	Whatever the Creator Himself does, that alone happens.	(ਜਗਤ ਵਿਚ) ਉਹ ਕੁਝ ਹੁੰਦਾ ਹੈ ਜੋ ਕਰਤਾਰ ਆਪ ਹੀ ਕਰਦਾ ਹੈ।
35851	841	ਨਾਮਿ ਰਤੇ ਸਦਾ ਸੁਖੁ ਹੋਈ॥		Naam Rathae Sadhaa Sukh Hoee ||	Imbued with the Naam, the Name of the Lord, one is forever in peace.	ਉਸ ਦੇ ਨਾਮ ਵਿਚ ਰੰਗੇ ਹੋਏ ਮਨੁੱਖ ਨੂੰ ਸਦਾ ਆਤਮਕ ਆਨੰਦ ਮਿਲਦਾ ਹੈ।
35852	841	ਗੁਰਮੁਖਿ ਵਿਰਲਾ ਬੂਝੈ ਕੋਈ॥੧॥		Guramukh Viralaa Boojhai Koee ||1||	But how rare is the one, who, as Gurmukh, understands this. ||1||	ਪਰ ਕੋਈ ਵਿਰਲਾ ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਇਸ ਗੱਲ ਨੂੰ) ਸਮਝਦਾ ਹੈ ॥੧॥
35853	841	ਹਿਰਦੈ ਜਪਨੀ ਜਪਉ ਗੁਣਤਾਸਾ॥		Hiradhai Japanee Japo Gunathaasaa ||	Within my heart, I chant the Chant of the Lord, the treasure of virtue.	ਹੇ ਭਾਈ! ਮੈਂ (ਆਪਣੇ) ਹਿਰਦੇ ਵਿਚ ਗੁਣਾਂ ਦੇ ਖ਼ਜ਼ਾਨੇ (ਪਰਮਾਤਮਾ ਦੇ ਨਾਮ) ਨੂੰ ਜਪਦਾ ਹਾਂ (ਇਹੀ ਹੈ ਮੇਰੀ) ਮਾਲਾ।
35854	841	ਹਰਿ ਅਗਮ ਅਗੋਚਰੁ ਅਪਰੰਪਰ ਸੁਆਮੀ ਜਨ ਪਗਿ ਲਗਿ ਧਿਆਵਉ ਹੋਇ ਦਾਸਨਿ ਦਾਸਾ॥੧॥ਰਹਾਉ॥	ਅਪ-ਰੰਪਰ	Har Agam Agochar Aparanpar Suaamee Jan Pag Lag Dhhiaavo Hoe Dhaasan Dhaasaa ||1|| Rehaao ||	The Lord, my Lord and Master, is inaccessible, unfathomable and unlimited. Grasping the feet of the Lord's humble servants, I meditate on Him, and become the slave of His slaves. ||1||Pause||	ਪਰਮਾਤਮਾ ਅਪਹੁੰਚ ਹੈ, ਪਰੇ ਤੋਂ ਪਰੇ ਹੈ, ਸਭ ਦਾ ਮਾਲਕ ਹੈ, ਉਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਮੈਂ ਤਾਂ ਸੰਤ ਜਨਾਂ ਦੀ ਚਰਨੀਂ ਲੱਗ ਕੇ ਸੰਤ ਜਨਾਂ ਦੇ ਦਾਸਾਂ ਦਾ ਦਾਸ ਬਣ ਕੇ ਉਸ ਨੂੰ ਸਿਮਰਦਾ ਹਾਂ ॥੧॥ ਰਹਾਉ ॥

35855	841	ਸੋਮਵਾਰਿ ਸਚਿ ਰਹਿਆ ਸਮਾਇ॥		Somavaar Sach Rehiaa Samaae ||	Monday: The True Lord is permeating and pervading.	ਹੇ ਭਾਈ! (ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ) ਸਦਾ-ਥਿਰ ਪਰਮਾਤਮਾ (ਦੀ ਯਾਦ) ਵਿਚ ਲੀਨ ਹੋਇਆ ਰਹਿੰਦਾ ਹੈ,
35856	841	ਤਿਸ ਕੀ ਕੀਮਤਿ ਕਹੀ ਨ ਜਾਇ॥		This Kee Keemath Kehee N Jaae ||	His value cannot be described.	(ਉਸ ਦਾ ਆਤਮਕ ਜੀਵਨ ਇਤਨਾ ਉੱਚਾ ਹੋ ਜਾਂਦਾ ਹੈ ਕਿ) ਉਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ।
35857	841	ਆਖਿ ਆਖਿ ਰਹੇ ਸਭਿ ਲਿਵ ਲਾਇ॥		Aakh Aakh Rehae Sabh Liv Laae ||	Talking and speaking about Him, all keep themselves lovingly focused on Him.	(ਆਪਣੇ ਉੱਦਮ ਨਾਲ ਸੁਰਤਾਂ ਜੋੜਨ ਵਾਲੇ ਅਤੇ ਸਿਫ਼ਤਾਂ ਆਖਣ ਵਾਲੇ ਮਨੁੱਖ) ਸਿਫ਼ਤਾਂ ਆਖ ਆਖ ਕੇ ਅਤੇ ਸੁਰਤ ਜੋੜ ਜੋੜ ਕੇ ਸਾਰੇ ਹੀ ਥੱਕ ਜਾਂਦੇ ਹਨ,
35858	841	ਜਿਸੁ ਦੇਵੈ ਤਿਸੁ ਪਲੈ ਪਾਇ॥	ਪੱਲੈ	Jis Dhaevai This Palai Paae ||	Devotion falls into the laps of those whom He so blesses.	(ਪਰ ਇਹ ਸਿਮਰਨ ਤੇ ਯਾਦ ਦੀ ਦਾਤਿ) ਜਿਸ (ਮਨੁੱਖ) ਨੂੰ (ਪਰਮਾਤਮਾ ਆਪ) ਦੇਂਦਾ ਹੈ, ਉਸ ਨੂੰ (ਹੀ) ਮਿਲਦੀ ਹੈ।
35859	841	ਅਗਮ ਅਗੋਚਰੁ ਲਖਿਆ ਨ ਜਾਇ॥		Agam Agochar Lakhiaa N Jaae ||	He is inaccessible and unfathomable; He cannot be seen.	ਹੇ ਭਾਈ! ਪਰਮਾਤਮਾ ਅਪਹੁੰਚ ਹੈ, ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਉਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ।

35860	841	ਗੁਰ ਕੈ ਸਬਦਿ ਹਰਿ ਰਹਿਆ ਸਮਾਇ॥੨॥		Gur Kai Sabadh Har Rehiaa Samaae ||2||	Through the Word of the Guru's Shabad, the Lord is seen to be permeating and pervading everywhere. ||2||	ਗੁਰੂ ਦੇ ਸ਼ਬਦ ਦੀ ਰਾਹੀਂ (ਹੀ ਮਨੁੱਖ) ਪਰਮਾਤਮਾ ਵਿਚ ਲੀਨ ਰਹਿ ਸਕਦਾ ਹੈ ॥੨॥
35861	841	ਮੰਗਲਿ ਮਾਇਆ ਮੋਹੁ ਉਪਾਇਆ॥		Mangal Maaeiaa Mohu Oupaaeiaa ||	Tuesday: The Lord created love and attachment to Maya.	ਹੇ ਭਾਈ! (ਪਰਮਾਤਮਾ ਨੇ) ਮਾਇਆ ਦਾ ਮੋਹ (ਆਪ ਹੀ) ਪੈਦਾ ਕੀਤਾ ਹੈ,
35862	841	ਆਪੇ ਸਿਰਿ ਸਿਰਿ ਧੰਧੈ ਲਾਇਆ॥	ਬੁੱਝਾਏ, ਬੂੱਝੈ	Aapae Sir Sir Dhhandhhai Laaeiaa ||	He Himself has enjoined each and every being to their tasks.	ਆਪ ਹੀ (ਇਸ ਮੋਹ ਨੂੰ) ਹਰੇਕ (ਜੀਵ ਦੇ) ਸਿਰ ਉੱਤੇ (ਥਾਪ ਕੇ ਹਰੇਕ ਨੂੰ ਮਾਇਆ ਦੇ) ਧੰਧੇ ਵਿਚ ਲਾਇਆ ਹੋਇਆ ਹੈ।
35863	841	ਆਪਿ ਬੁਝਾਏ ਸੋਈ ਬੂਝੈ॥		Aap Bujhaaeae Soee Boojhai ||	He alone understands, whom the Lord causes to understand.	ਜਿਸ ਮਨੁੱਖ ਨੂੰ (ਪਰਮਾਤਮਾ) ਆਪ ਸਮਝ ਬਖ਼ਸ਼ਦਾ ਹੈ, ਉਹੀ (ਇਸ ਮੋਹ ਦੀ ਖੇਡ ਨੂੰ) ਸਮਝਦਾ ਹੈ।
35864	841	ਗੁਰ ਕੈ ਸਬਦਿ ਦਰੁ ਘਰੁ ਸੂਝੈ॥		Gur Kai Sabadh Dhar Ghar Soojhai ||	Through the Word of the Guru's Shabad, one understands his heart and home.	ਗੁਰੂ ਦੇ ਸ਼ਬਦ ਦੀ ਬਰਕਤ ਨਾਲ ਉਸ ਨੂੰ (ਪਰਮਾਤਮਾ ਦਾ) ਦਰ-ਘਰ ਦਿੱਸ ਪੈਂਦਾ ਹੈ।
35865	841	ਪ੍ਰੇਮ ਭਗਤਿ ਕਰੇ ਲਿਵ ਲਾਇ॥		Praem Bhagath Karae Liv Laae ||	He worships the Lord in loving devotion.	ਉਹ ਮਨੁੱਖ ਸੁਰਤ ਜੋੜ ਕੇ ਪ੍ਰੇਮ ਨਾਲ ਪਰਮਾਤਮਾ ਦੀ ਭਗਤੀ ਕਰਦਾ ਹੈ,

35866	841	ਹਉਮੈ ਮਮਤਾ ਸਬਦਿ ਜਲਾਇ॥੩॥		Houmai Mamathaa Sabadh Jalaae ||3||	His egotism and self-conceit are burnt away by the Shabad. ||3||	(ਤੇ, ਇਸ ਤਰ੍ਹਾਂ) ਸ਼ਬਦ ਦੀ ਬਰਕਤਿ ਨਾਲ (ਆਪਣੇ ਅੰਦਰੋਂ) ਹਉਮੈ ਅਤੇ (ਮਾਇਆ ਦੀ) ਮਮਤਾ ਸਾੜ ਲੈਂਦਾ ਹੈ ॥੩॥
35867	841	ਬੁਧਵਾਰਿ ਆਪੇ ਬੁਧਿ ਸਾਰੁ॥		Budhhavaar Aapae Budhh Saar ||	Wednesday: He Himself bestows sublime understanding.	ਹੇ ਭਾਈ! (ਪਰਮਾਤਮਾ) ਆਪ ਹੀ (ਮਨੁੱਖ ਨੂੰ) ਸ੍ਰੇਸ਼ਟ ਬੁੱਧੀ (ਬਖ਼ਸ਼ਦਾ ਹੈ),
35868	841	ਗੁਰਮੁਖਿ ਕਰਣੀ ਸਬਦੁ ਵੀਚਾਰੁ॥		Guramukh Karanee Sabadh Veechaar ||	The Gurmukh does good deeds, and contemplates the Word of the Shabad.	ਗੁਰੂ ਦੀ ਸਰਨ ਵਿਚ ਰੱਖ ਕੇ ਉੱਚਾ ਆਚਰਨ, ਸਿਫ਼ਤਿ-ਸਾਲਾਹ ਅਤੇ (ਆਪਣੇ ਗੁਣਾਂ ਦੀ) ਵਿਚਾਰ (ਬਖ਼ਸ਼ਦਾ ਹੈ)
35869	841	ਨਾਮਿ ਰਤੇ ਮਨੁ ਨਿਰਮਲੁ ਹੋਇ॥		Naam Rathae Man Niramal Hoe ||	Imbued with the Naam, the Name of the Lord, the mind become pure and immaculate.	(ਇਸ ਤਰ੍ਹਾਂ ਉਸ ਪਰਮਾਤਮਾ ਦੇ) ਨਾਮ ਵਿਚ ਰੰਗੇ ਹੋਏ ਮਨੁੱਖ ਦਾ ਮਨ ਪਵਿੱਤਰ ਹੋ ਜਾਂਦਾ ਹੈ।
35870	841	ਹਰਿ ਗੁਣ ਗਾਵੈ ਹਉਮੈ ਮਲੁ ਖੋਇ॥		Har Gun Gaavai Houmai Mal Khoe ||	He sings the Glorious Glorious Praises of the Lord, and washes off the filth of egotism.	(ਮਨੁੱਖ ਆਪਣੇ ਅੰਦਰੋਂ) ਹਉਮੈ ਦੀ ਮੈਲ ਦੂਰ ਕਰ ਕੇ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ,
35871	841	ਦਰਿ ਸਚੈ ਸਦ ਸੋਭਾ ਪਾਏ॥		Dhar Sachai Sadh Sobhaa Paaeae ||	In the Court of the True Lord, he obtains lasting glory.	ਤੇ, ਸਦਾ-ਥਿਰ ਪ੍ਰਭੂ ਦੇ ਦਰ ਤੇ ਸਦਾ ਸੋਭਾ ਖੱਟਦਾ ਹੈ।

35872	841	ਨਾਮਿ ਰਤੇ ਗੁਰ ਸਬਦਿ ਸੁਹਾਏ॥੪॥		Naam Rathae Gur Sabadh Suhaaeae ||4||	Imbued with the Naam, he is embellished with the Word of the Guru's Shabad. ||4||	ਹੇ ਭਾਈ! ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੇ ਨਾਮ ਵਿਚ ਰੰਗੇ ਹੋਏ ਮਨੁੱਖ ਸੋਹਣੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ ॥੪॥
35873	841	ਲਾਹਾ ਨਾਮੁ ਪਾਏ ਗੁਰ ਦੁਆਰਿ॥		Laahaa Naam Paaeae Gur Dhuaar ||	The profit of the Naam is obtained through the Door of the Guru.	ਹੇ ਭਾਈ! ਗੁਰੂ ਦੇ ਦਰ ਤੇ (ਰਹਿ ਕੇ ਮਨੁੱਖ ਪਰਮਾਤਮਾ ਦਾ) ਨਾਮ-ਲਾਭ ਖੱਟ ਲੈਂਦਾ ਹੈ,
35874	841	ਆਪੇ ਦੇਵੈ ਦੇਵਣਹਾਰੁ॥		Aapae Dhaevai Dhaevanehaar ||	The Great Giver Himself gives it.	(ਪਰ ਇਹ ਦਾਤ ਹੈ, ਤੇ ਇਹ ਦਾਤਿ) ਦੇਣ ਦੀ ਸਮਰਥਾ ਵਾਲਾ ਪ੍ਰਭੂ ਆਪ ਹੀ ਦੇਂਦਾ ਹੈ।
35875	841	ਜੋ ਦੇਵੈ ਤਿਸ ਕਉ ਬਲਿ ਜਾਈਐ॥		Jo Dhaevai This Ko Bal Jaaeeai ||	I am a sacrifice to the One who gives it.	ਸੋ, ਜਿਹੜਾ ਪ੍ਰਭੂ (ਇਹ ਦਾਤਿ) ਦੇਂਦਾ ਹੈ ਉਸ ਤੋਂ (ਸਦਾ) ਸਦਕੇ ਜਾਣਾ ਚਾਹੀਦਾ ਹੈ।
35876	841	ਗੁਰ ਪਰਸਾਦੀ ਆਪੁ ਗਵਾਈਐ॥		Gur Parasaadhee Aap Gavaaeeai ||	By Guru's Grace, self-conceit is eradicated.	ਗੁਰੂ ਦੀ ਕਿਰਪਾ ਨਾਲ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰਨਾ ਚਾਹੀਦਾ ਹੈ।
35877	841	ਨਾਨਕ ਨਾਮੁ ਰਖਹੁ ਉਰ ਧਾਰਿ॥		Naanak Naam Rakhahu Our Dhaar ||	O Nanak, enshrine the Naam within your heart.	ਹੇ ਨਾਨਕ! (ਆਖ-ਹੇ ਭਾਈ!) ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖੋ,
35878	841	ਦੇਵਣਹਾਰੇ ਕਉ ਜੈਕਾਰੁ॥੫॥		Dhaevanehaarae Ko Jaikaar ||5||	I celebrate the victory of the Lord, the Great Giver. ||5||	ਤੇ, ਉਸ ਸਭ ਕੁਝ ਦੇ ਸਕਣ ਵਾਲੇ ਪ੍ਰਭੂ ਦੀ ਸਿਫ਼ਤਿ-ਸਾਲਾਹ ਸਦਾ ਕਰਦੇ ਰਹੋ ॥੫॥
35879	841	ਵੀਰਵਾਰਿ ਵੀਰ ਭਰਮਿ ਭੁਲਾਏ॥		Veeravaar Veer Bharam Bhulaaeae ||	Thursday: The fifty-two warriors were deluded by doubt.	ਹੇ ਭਾਈ! (ਬਵੰਜਾ) ਬੀਰਾਂ ਨੂੰ (ਭੀ ਪਰਮਾਤਮਾ ਨੇ) ਭਟਕਣਾ ਵਿਚ ਪਾ ਕੇ (ਮਾਇਆ ਦੇ ਮੋਹ ਵਿਚ) ਭੁਲਾਈ ਰੱਖਿਆ,

35880	841	ਪ੍ਰੇਤ ਭੂਤ ਸਭਿ ਦੂਜੈ ਲਾਏ॥		Praeth Bhooth Sabh Dhoojai Laaeae ||	All the goblins and demons are attached to duality.	ਸਾਰੇ ਭੂਤ ਪ੍ਰੇਤ ਭੀ ਮਾਇਆ ਦੇ ਮੋਹ ਵਿਚ ਲਾਏ ਹੋਏ ਹਨ।
35881	841	ਆਪਿ ਉਪਾਏ ਕਰਿ ਵੇਖੈ ਵੇਕਾ॥		Aap Oupaaeae Kar Vaekhai Vaekaa ||	God Himself created them, and sees each one distinct.	ਪਰਮਾਤਮਾ ਨੇ ਆਪ (ਹੀ ਇਹ ਸਾਰੇ) ਪੈਦਾ ਕੀਤੇ, (ਇਹਨਾਂ ਨੂੰ) ਵੱਖ ਵੱਖ ਕਿਸਮਾਂ ਦੇ ਬਣਾ ਕੇ (ਸਭ ਦੀ) ਸੰਭਾਲ (ਭੀ) ਕਰਦਾ ਹੈ।
35882	841	ਸਭਨਾ ਕਰਤੇ ਤੇਰੀ ਟੇਕਾ॥		Sabhanaa Karathae Thaeree Ttaekaa ||	O Creator Lord, You are the Support of all.	ਹੇ ਕਰਤਾਰ! ਸਭ ਜੀਵਾਂ ਨੂੰ ਤੇਰਾ ਹੀ ਆਸਰਾ ਹੈ।
35883	841	ਜੀਅ ਜੰਤ ਤੇਰੀ ਸਰਣਾਈ॥		Jeea Janth Thaeree Saranaaee ||	The beings and creatures are under Your protection.	ਸਾਰੇ ਜੀਵ ਜੰਤ ਤੇਰੀ ਸਰਨ ਹਨ।
35884	841	ਸੋ ਮਿਲੈ ਜਿਸੁ ਲੈਹਿ ਮਿਲਾਈ॥੬॥		So Milai Jis Laihi Milaaee ||6||	He alone meets You, whom You Yourself meet. ||6||	ਉਹ ਮਨੁੱਖ (ਹੀ ਤੈਨੂੰ) ਮਿਲਦਾ ਹੈ ਜਿਸ ਨੂੰ ਤੂੰ ਆਪ (ਆਪਣੇ ਨਾਲ) ਮਿਲਾਂਦਾ ਹੈਂ ॥੬॥
35885	841	ਸੁਕ੍ਰਵਾਰਿ ਪ੍ਰਭੁ ਰਹਿਆ ਸਮਾਈ॥		Sukravaar Prabh Rehiaa Samaaee ||	Friday: God is permeating and pervading everywhere.	ਹੇ ਭਾਈ! (ਸਾਰੀ ਸ੍ਰਿਸ਼ਟੀ ਵਿਚ) ਪਰਮਾਤਮਾ ਵਿਆਪਕ ਹੈ,
35886	841	ਆਪਿ ਉਪਾਇ ਸਭ ਕੀਮਤਿ ਪਾਈ॥		Aap Oupaae Sabh Keemath Paaee ||	He Himself created all, and appraises the value of all.	(ਸ੍ਰਿਸ਼ਟੀ ਨੂੰ) ਆਪ (ਹੀ) ਪੈਦਾ ਕਰ ਕੇ ਸਾਰੀ ਸ੍ਰਿਸ਼ਟੀ ਦੀ ਕਦਰ ਭੀ ਆਪ ਹੀ ਜਾਣਦਾ ਹੈ।

35887	841	ਗੁਰਮੁਖਿ ਹੋਵੈ ਸੁ ਕਰੈ ਬੀਚਾਰੁ॥		Guramukh Hovai S Karai Beechaar ||	One who become Gurmukh, contemplates the Lord.	ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ, ਉਹ ਮਨੁੱਖ (ਪਰਮਾਤਮਾ ਦੇ ਗੁਣਾਂ ਨੂੰ) ਆਪਣੇ ਮਨ ਵਿਚ ਵਸਾਂਦਾ ਹੈ।
35888	841	ਸਚੁ ਸੰਜਮੁ ਕਰਣੀ ਹੈ ਕਾਰ॥		Sach Sanjam Karanee Hai Kaar ||	He practices truth and self-restraint.	ਸਦਾ-ਥਿਰ ਹਰਿ-ਨਾਮ ਦਾ ਸਿਮਰਨ, ਅਤੇ ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਬਚਾਈ ਰੱਖਣ ਦਾ ਉੱਦਮ-ਇਹ ਉਸ ਮਨੁੱਖ ਦਾ ਨਿੱਤ ਦਾ ਕਰਤੱਬ, ਨਿੱਤ ਦੀ ਕਾਰ ਹੋ ਜਾਂਦੀ ਹੈ।
35889	841	ਵਰਤੁ ਨੇਮੁ ਨਿਤਾਪ੍ਰਤਿ ਪੂਜਾ॥	ਪੂਜਾ:ਪੋਲਾ ਬੋਲੋ	Varath Naem Nithaaprath Poojaa ||	Without genuine understanding, all fasts,	ਪਰ ਵਰਤ ਰੱਖਣਾ, ਕਰਮ ਕਾਂਡ ਦਾ ਹਰੇਕ ਨੇਮ ਨਿਬਾਹੁਣਾ, ਰੋਜ਼ਾਨਾ ਦੇਵ-ਪੂਜਾ-
35890	841	ਬਿਨੁ ਬੂਝੇ ਸਭੁ ਭਾਉ ਹੈ ਦੂਜਾ॥੭॥		Bin Boojhae Sabh Bhaao Hai Dhoojaa ||7||	Religious rituals and daily worship services lead only to the love of duality. ||7||	ਆਤਮਕ ਜੀਵਨ ਦੀ ਸੂਝ ਤੋਂ ਬਿਨਾ ਇਹ ਸਾਰਾ ਉੱਦਮ ਮਾਇਆ ਦਾ ਪਿਆਰ (ਹੀ ਪੈਦਾ ਕਰਨ ਵਾਲਾ) ਹੈ ॥੭॥
35891	841	ਛਨਿਛਰਵਾਰਿ ਸਉਣ ਸਾਸਤ ਬੀਚਾਰੁ॥		Shhanishharavaar Soun Saasath Beechaar ||	Saturday: Contemplating good omens and the Shaastras,	ਹੇ ਭਾਈ! (ਪਰਮਾਤਮਾ ਦਾ ਸਿਮਰਨ ਛੱਡ ਕੇ) ਸ਼ੋਨਕ ਦਾ ਜੋਤਿਸ਼ ਸ਼ਾਸਤ੍ਰ (ਆਦਿਕ) ਵਿਚਾਰਦੇ ਰਹਿਣਾ-
35892	841	ਹਉਮੈ ਮੇਰਾ ਭਰਮੈ ਸੰਸਾਰੁ॥		Houmai Maeraa Bharamai Sansaar ||	In egotism and self-conceit, the world wanders in delusion.	(ਇਸ ਦੇ ਕਾਰਣ) ਜਗਤ ਮਮਤਾ ਅਤੇ ਹਉਮੈ ਵਿਚ ਭਟਕਦਾ ਰਹਿੰਦਾ ਹੈ।

35893	841	ਮਨਮੁਖੁ ਅੰਧਾ ਦੂਜੈ ਭਾਇ॥		Manamukh Andhhaa Dhoojai Bhaae ||	The blind, self-willed manmukh in engrossed in the love of duality.	ਆਤਮਕ ਜੀਵਨ ਵਲੋਂ ਅੰਨ੍ਹਾ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ।
35894	841	ਜਮ ਦਰਿ ਬਾਧਾ ਚੋਟਾ ਖਾਇ॥		Jam Dhar Baadhhaa Chottaa Khaae ||	Bound and gagged at death's door, he is beaten and punished.	(ਅਜਿਹਾ ਮਨੁੱਖ) ਜਮਰਾਜ ਦੇ ਦਰ ਤੇ ਬੱਝਾ ਹੋਇਆ (ਵਿਕਾਰਾਂ ਦੀਆਂ) ਸੱਟਾਂ ਖਾਂਦਾ ਰਹਿੰਦਾ ਹੈ।
35895	841	ਗੁਰ ਪਰਸਾਦੀ ਸਦਾ ਸੁਖੁ ਪਾਏ॥		Gur Parasaadhee Sadhaa Sukh Paaeae ||	By Guru's Grace, one finds lasting peace.	ਉਹ ਮਨੁੱਖ ਗੁਰੂ ਦੀ ਕਿਰਪਾ ਨਾਲ ਸਦਾ ਆਤਮਕ ਆਨੰਦ ਮਾਣਦਾ ਹੈ,
35896	841	ਸਚੁ ਕਰਣੀ ਸਾਚਿ ਲਿਵ ਲਾਏ॥੮॥		Sach Karanee Saach Liv Laaeae ||8||	He practices Truth, and lovingly focuses on the Truth. ||8||	ਜਿਹੜਾ ਸਦਾ-ਥਿਰ ਹਰਿ-ਨਾਮ ਸਿਮਰਨ ਨੂੰ (ਆਪਣਾ ਰੋਜ਼ਾਨਾ) ਕਰਤੱਬ ਬਣਾਂਦਾ ਹੈ ਅਤੇ ਸਦਾ-ਥਿਰ ਪ੍ਰਭੂ ਵਿਚ ਸੁਰਤ ਜੋੜੀ ਰੱਖਦਾ ਹੈ ॥੮॥
35897	841	ਸਤਿਗੁਰੁ ਸੇਵਹਿ ਸੇ ਵਡਭਾਗੀ॥		Sathigur Saevehi Sae Vaddabhaagee ||	Those who serve the True Guru are very fortunate.	ਹੇ ਭਾਈ! ਉਹ ਮਨੁੱਖ ਵੱਡੇ ਭਾਗਾਂ ਵਾਲੇ ਹੁੰਦੇ ਹਨ ਜਿਹੜੇ ਗੁਰੂ ਦੀ ਸਰਨ ਆ ਪੈਂਦੇ ਹਨ।
35898	841	ਹਉਮੈ ਮਾਰਿ ਸਚਿ ਲਿਵ ਲਾਗੀ॥		Houmai Maar Sach Liv Laagee ||	Conquering their ego, they embrace love for the True Lord.	(ਆਪਣੇ ਅੰਦਰੋਂ) ਹਉਮੈ ਮੁਕਾ ਕੇ (ਉਹਨਾਂ ਦੀ) ਸੁਰਤ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੱਗ ਜਾਂਦੀ ਹੈ।
35899	841	ਤੇਰੈ ਰੰਗਿ ਰਾਤੇ ਸਹਜਿ ਸੁਭਾਇ॥		Thaerai Rang Raathae Sehaj Subhaae ||	They are automatically imbued with Your Love, O Lord.	ਹੇ ਪ੍ਰਭੂ! (ਗੁਰੂ ਦੀ ਸਰਨ ਆਉਣ ਵਾਲੇ ਮਨੁੱਖ) ਤੇਰੇ ਪਿਆਰ-ਰੰਗ ਵਿਚ ਟਿਕੇ ਰਹਿੰਦੇ ਹਨ।

35900	842	ਤੂ ਸੁਖਦਾਤਾ ਲੈਹਿ ਮਿਲਾਇ॥		Thoo Sukhadhaathaa Laihi Milaae ||	You are the Giver of peace; You merge them into Yourself.	ਸਾਰੇ ਸੁਖ ਦੇਣ ਵਾਲਾ ਤੂੰ (ਆਪ ਹੀ ਉਹਨਾਂ ਨੂੰ ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈਂ।
35901	842	ਏਕਸ ਤੇ ਦੂਜਾ ਨਾਹੀ ਕੋਇ॥		Eaekas Thae Dhoojaa Naahee Koe ||	Everything comes from the One and only Lord; there is no other at all.	ਹੇ ਭਾਈ! ਇਕ ਪਰਮਾਤਮਾ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ।
35902	842	ਗੁਰਮੁਖਿ ਬੂਝੈ ਸੋਝੀ ਹੋਇ॥੯॥		Guramukh Boojhai Sojhee Hoe ||9||	The Gurmukh realizes this, and understands. ||9||	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ (ਇਸ ਗੱਲ ਨੂੰ) ਸਮਝ ਲੈਂਦਾ ਹੈ, (ਉਸ ਨੂੰ ਆਤਮਕ ਜੀਵਨ ਦੀ ਸੂਝ ਆ ਜਾਂਦੀ ਹੈ) ॥੯॥
35903	842	ਪੰਦ੍ਰਹ ਥਿਤੀ ਤੈ ਸਤ ਵਾਰ॥	ਸੱਤ	Pandhreh Thhithanaee Thai Sath Vaar ||	The fifteen lunar days, the seven days of the week,	ਹੇ ਭਾਈ! (ਜਿਵੇਂ) ਪੰਦ੍ਰਾਂ ਥਿੱਤਾਂ ਅਤੇ ਸੱਤ ਵਾਰ,
35904	842	ਮਾਹਾ ਰੁਤੀ ਆਵਹਿ ਵਾਰ ਵਾਰ॥		Maahaa Ruthee Aavehi Vaar Vaar ||	The months, seasons, days and nights, come over and over again;	ਮਹੀਨੇ, ਰੁੱਤਾਂ ਮੁੜ ਮੁੜ ਆਉਂਦੇ ਰਹਿੰਦੇ ਹਨ,
35905	842	ਦਿਨਸੁ ਰੈਣਿ ਤਿਵੈ ਸੰਸਾਰੁ॥		Dhinas Rain Thivai Sansaar ||	So the world goes on.	ਰਾਤ, ਦਿਨ (ਦੀ ਗਤੀ ਵਾਂਗ) ਤਿਵੇਂ ਇਹ ਜਗਤ ਹੈ (ਭਾਵ, ਜਗਤ ਦੇ ਜੀਵ ਜੰਮਦੇ ਮਰਦੇ ਰਹਿੰਦੇ ਹਨ।
35906	842	ਆਵਾ ਗਉਣੁ ਕੀਆ ਕਰਤਾਰਿ ॥		Aavaa Goun Keeaa Karathaar ||	Coming and going were created by the Creator Lord.	ਕਰਤਾਰ ਨੇ (ਆਪ ਹੀ ਜੀਵਾਂ ਵਾਸਤੇ) ਜਨਮ ਮਰਨ ਦਾ ਗੇੜ ਬਣਾ ਦਿੱਤਾ ਹੈ।

35907	842	ਨਿਹਚਲੁ ਸਾਚੁ ਰਹਿਆ ਕਲ ਧਾਰਿ॥		Nihachal Saach Rehiaa Kal Dhhaar ||	The True Lord remains steady and stable, by His almighty power.	ਅਟੱਲ ਰਹਿਣ ਵਾਲਾ ਸਦਾ-ਥਿਰ ਪ੍ਰਭੂ ਹੀ ਹੈ ਜੋ (ਸਾਰੀ ਸ੍ਰਿਸ਼ਟੀ ਵਿਚ ਆਪਣੀ) ਸੱਤਾ ਟਿਕਾ ਰਿਹਾ ਹੈ।
35908	842	ਨਾਨਕ ਗੁਰਮੁਖਿ ਬੂਝੈ ਕੋ ਸਬਦੁ ਵੀਚਾਰਿ॥੧੦॥੧॥	ਬੂੱਝੈ	Naanak Guramukh Boojhai Ko Sabadh Veechaar ||10||1||	O Nanak, how rare is that Gurmukh who understands, and contemplates the Naam, the Name of the Lord. ||10||1||	ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ (ਭਾਗਾਂ ਵਾਲਾ) ਮਨੁੱਖ (ਗੁਰੂ ਦੇ) ਸ਼ਬਦ ਨੂੰ (ਆਪਣੇ) ਮਨ ਵਿਚ ਵਸਾ ਕੇ (ਇਸ ਗੱਲ ਨੂੰ) ਸਮਝ ਲੈਂਦਾ ਹੈ ॥੧੦॥੧॥
35909	842	ਬਿਲਾਵਲੁ ਮਹਲਾ ੩॥		Bilaaval Mehalaa 3 ||	Bilaaval, Third Mehl:	
35910	842	ਆਦਿ ਪੁਰਖੁ ਆਪੇ ਸ੍ਰਿਸਟਿ ਸਾਜੇ॥		Aadh Purakh Aapae Srisatt Saajae ||	The Primal Lord Himself formed the Universe.	ਹੇ ਭਾਈ! ਸਾਰੇ ਜਗਤ ਦਾ ਮੂਲ ਅਕਾਲ ਪੁਰਖ ਆਪ ਹੀ ਜਗਤ ਨੂੰ ਪੈਦਾ ਕਰਦਾ ਹੈ,
35911	842	ਜੀਅ ਜੰਤ ਮਾਇਆ ਮੋਹਿ ਪਾਜੇ॥	ਪਾਜੇ: ਕਸ ਕੇ ਬੋਲੋ	Jeea Janth Maaeiaa Mohi Paajae ||	The beings and creatures are engrossed in emotional attachment to Maya.	(ਕੀਤੇ ਕਰਮਾਂ ਅਨੁਸਾਰ) ਜੀਵਾਂ ਨੂੰ (ਉਸ ਨੇ) ਮਾਇਆ ਦੇ ਮੋਹ ਵਿਚ ਜੋੜਿਆ ਹੋਇਆ ਹੈ।
35912	842	ਦੂਜੈ ਭਾਇ ਪਰਪੰਚਿ ਲਾਗੇ ॥		Dhoojai Bhaae Parapanch Laagae ||	In the love of duality, they are attached to the illusory material world.	(ਜੀਵ ਪਰਮਾਤਮਾ ਨੂੰ ਭੁਲਾ ਕੇ) ਹੋਰ ਪਿਆਰ ਵਿਚ ਦਿੱਸਦੇ ਜਗਤ ਦੇ ਮੋਹ ਵਿਚ ਫਸੇ ਰਹਿੰਦੇ ਹਨ।

35913	842	ਆਂਵਹਿ ਜਾਵਹਿ ਮਰਹਿ ਅਭਾਗੇ॥		Aavehi Jaavehi Marehi Abhaagae ||	The unfortunate ones die, and continue to come and go.	(ਇਹੋ ਜਿਹੇ) ਭਾਗਹੀਨ ਜੀਵ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ, ਆਤਮਕ ਮੌਤ ਸਹੇੜੀ ਰੱਖਦੇ ਹਨ।
35914	842	ਸਤਿਗੁਰਿ ਭੇਟਿਐ ਸੋਝੀ ਪਾਇ॥		Sathigur Bhaettiai Sojhee Paae ||	Meeting with the True Guru, understanding is obtained.	ਜੇ (ਕਿਸੇ ਭਾਗਾਂ ਵਾਲੇ ਨੂੰ) ਗੁਰੂ ਮਿਲ ਪਏ, ਤਾਂ ਉਹ (ਆਤਮਕ ਜੀਵਨ ਦੀ) ਸਮਝ ਹਾਸਲ ਕਰ ਲੈਂਦਾ ਹੈ।
35915	842	ਪਰਪੰਚੁ ਚੂਕੈ ਸਚਿ ਸਮਾਇ॥੧॥		Parapanch Chookai Sach Samaae ||1||	Then, the illusion of the material world is shattered, and one merges in Truth. ||1||	(ਉਸ ਦੇ ਅੰਦਰੋਂ) ਜਗਤ ਦਾ ਮੋਹ ਮੁੱਕ ਜਾਂਦਾ ਹੈ, (ਉਹ ਮਨੁੱਖ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦਾ ਹੈ ॥੧॥
35916	842	ਜਾ ਕੈ ਮਸਤਕਿ ਲਿਖਿਆ ਲੇਖੁ॥		Jaa Kai Masathak Likhiaa Laekh ||	One who has such pre-ordained destiny inscribed upon his forehead	ਹੇ ਭਾਈ! ਜਿਸ ਮਨੁੱਖ ਦੇ ਮੱਥੇ ਉੱਤੇ (ਮਨੁੱਖ ਦੇ ਕੀਤੇ ਕਰਮਾਂ ਅਨੁਸਾਰ ਪਰਮਾਤਮਾ ਵਲੋਂ) ਲੇਖ ਲਿਖਿਆ ਹੁੰਦਾ ਹੈ,
35917	842	ਤਾ ਕੈ ਮਨਿ ਵਸਿਆ ਪ੍ਰਭੁ ਏਕੁ॥੧॥ਰਹਾਉ॥		Thaa Kai Man Vasiaa Prabh Eaek ||1|| Rehaao ||	- the One God abides within his mind. ||1||Pause||	ਉਸ (ਮਨੁੱਖ) ਦੇ ਮਨ ਵਿਚ ਇਕ ਪਰਮਾਤਮਾ (ਹੀ) ਟਿਕਿਆ ਰਹਿੰਦਾ ਹੈ ॥੧॥ ਰਹਾਉ ॥
35918	842	ਸ੍ਰਿਸਟਿ ਉਪਾਇ ਆਪੇ ਸਭੁ ਵੇਖੈ॥		Srisatt Oupaae Aapae Sabh Vaekhai ||	He created the Universe, and He Himself beholds all.	ਹੇ ਭਾਈ! ਜਗਤ ਪੈਦਾ ਕਰ ਕੇ (ਪਰਮਾਤਮਾ) ਆਪ ਹੀ ਹਰੇਕ ਦੀ ਸੰਭਾਲ ਕਰਦਾ ਹੈ।

35919	842	ਕੋਇ ਨ ਮੇਟੈ ਤੇਰੈ ਲੇਖੈ॥		Koe N Maettai Thaerai Laekhai ||	No one can erase Your record, Lord.	(ਹੇ ਪ੍ਰਭੂ! ਜੀਵ ਦੇ ਕੀਤੇ ਕਰਮਾਂ ਅਨੁਸਾਰ ਉਸ ਦੇ ਮੱਥੇ ਉੱਤੇ ਜਿਹੜਾ ਲੇਖ ਤੂੰ ਲਿਖਦਾ ਹੈਂ) ਤੇਰੇ (ਉਸ ਲਿਖੇ) ਲੇਖ ਨੂੰ ਕੋਈ ਜੀਵ (ਆਪਣੇ ਉੱਦਮ ਨਾਲ) ਮਿਟਾ ਨਹੀਂ ਸਕਦਾ।
35920	842	ਸਿਧ ਸਾਧਿਕ ਜੇ ਕੋ ਕਹੈ ਕਹਾਏ॥		Sidhh Saadhhik Jae Ko Kehai Kehaaeae ||	If someone calls himself a Siddha or a seeker,	ਹੇ ਭਾਈ! (ਆਪਣੀ ਹਉਮੈ ਦੇ ਆਸਰੇ) ਜੇ ਕੋਈ ਮਨੁੱਖ (ਆਪਣੇ ਆਪ ਨੂੰ) ਸਿੱਧ ਆਖਦਾ ਅਖਵਾਂਦਾ ਹੈ, ਸਾਧਿਕ ਆਖਦਾ ਅਖਵਾਂਦਾ ਹੈ,
35921	842	ਭਰਮੇ ਭੂਲਾ ਆਵੈ ਜਾਏ॥		Bharamae Bhoolaa Aavai Jaaeae ||	He is deluded by doubt, and will continue coming and going.	ਉਹ ਮਨੁੱਖ (ਹਉਮੈ ਦੀ) ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ, ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ।
35922	842	ਸਤਿਗੁਰੁ ਸੇਵੈ ਸੋ ਜਨੁ ਬੂਝੈ॥		Sathigur Saevai So Jan Boojhai ||	That humble being alone understands, who serves the True Guru.	ਹੇ ਭਾਈ! ਜਿਹੜਾ ਮਨੁੱਖ (ਆਪਣੀ ਹਉਮੈ ਦੀ ਟੇਕ ਛੱਡ ਕੇ) ਗੁਰੂ ਦੀ ਸਰਨ ਪੈਂਦਾ ਹੈ, ਉਹ ਮਨੁੱਖ (ਜੀਵਨ ਦਾ ਸਹੀ ਰਸਤਾ ਸਮਝ ਪੈਂਦਾ ਹੈ।
35923	842	ਹਉਮੈ ਮਾਰੇ ਤਾ ਦਰੁ ਸੂਝੈ॥੨॥		Houmai Maarae Thaa Dhar Soojhai ||2||	Conquering his ego, he finds the Lord's Door. ||2||	ਜਦੋਂ ਮਨੁੱਖ (ਆਪਣੇ ਅੰਦਰੋਂ) ਹਉਮੈ ਮੁਕਾਂਦਾ ਹੈ, ਤਦੋਂ (ਉਸ ਨੂੰ ਪਰਮਾਤਮਾ ਦਾ) ਦਰ ਦਿੱਸ ਪੈਂਦਾ ਹੈ ॥੨॥
35924	842	ਏਕਸੁ ਤੇ ਸਭੁ ਦੂਜਾ ਹੂਆ॥		Eaekas Thae Sabh Dhoojaa Hooaa ||	From the One Lord, all others were formed.	ਹੇ ਭਾਈ! (ਪਰਮਾਤਮਾ ਤੋਂ) ਵੱਖਰਾ ਦਿੱਸਦਾ ਇਹ ਸਾਰਾ ਜਗਤ ਇਕ ਪਰਮਾਤਮਾ ਤੋਂ ਹੀ ਬਣਿਆ ਹੈ।

35925	842	ਏਕੋ ਵਰਤੈ ਅਵਰੁ ਨ ਬੀਆ॥		Eaeko Varathai Avar N Beeaa ||	The One Lord is pervading everywhere; there is no other at all.	(ਸਾਰੇ ਜਗਤ ਵਿਚ) ਇਕ ਪ੍ਰਭੂ ਹੀ ਮੌਜੂਦ ਹੈ, (ਉਸ ਤੋਂ ਬਿਨਾ) ਕੋਈ ਹੋਰ ਦੂਜਾ ਨਹੀਂ ਹੈ।
35926	842	ਦੂਜੇ ਤੇ ਜੇ ਏਕੋ ਜਾਣੈ॥		Dhoojae Thae Jae Eaeko Jaanai ||	Renouncing duality, one comes to know the One Lord.	ਜੇ (ਮਨੁੱਖ) ਇਸ ਵੱਖਰੇ ਦਿੱਸ ਰਹੇ ਜਗਤ (ਦੇ ਮੋਹ) ਤੋਂ (ਉੱਚਾ ਹੋ ਕੇ) ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਰੱਖੇ,
35927	842	ਗੁਰ ਕੈ ਸਬਦਿ ਹਰਿ ਦਰਿ ਨੀਸਾਣੈ॥		Gur Kai Sabadh Har Dhar Neesaanai ||	Through the Word of the Guru's Shabad, one knows the Lord's Door, and His Banner.	ਤਾਂ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਰਾਹਦਾਰੀ ਸਮੇਤ (ਬਿਨਾ ਰੋਕ-ਟੋਕ) ਪ੍ਰਭੂ ਦੇ ਦਰ ਤੇ (ਪਹੁੰਚ ਜਾਂਦਾ ਹੈ)।
35928	842	ਸਤਿਗੁਰੁ ਭੇਟੇ ਤਾ ਏਕੋ ਪਾਏ॥		Sathigur Bhaettae Thaa Eaeko Paaeae ||	Meeting the True Guru, one finds the One Lord.	ਜੇ (ਮਨੁੱਖ ਨੂੰ) ਗੁਰੂ ਮਿਲ ਪਏ, ਤਾਂ ਉਹ ਉਸ ਪਰਮਾਤਮਾ ਦਾ ਮਿਲਾਪ ਪ੍ਰਾਪਤ ਕਰ ਲੈਂਦਾ ਹੈ,
35929	842	ਵਿਚਹੁ ਦੂਜਾ ਠਾਕਿ ਰਹਾਏ॥੩॥		Vichahu Dhoojaa Thaak Rehaaeae ||3||	Duality is subdued within. ||3||	ਅਤੇ (ਆਪਣੇ) ਅੰਦਰੋਂ ਵੱਖਰੇ ਦਿੱਸ ਰਹੇ ਜਗਤ ਦਾ ਮੋਹ ਰੋਕ ਰੱਖਦਾ ਹੈ ॥੩॥
35930	842	ਜਿਸ ਦਾ ਸਾਹਿਬੁ ਡਾਢਾ ਹੋਇ॥		Jis Dhaa Saahib Ddaadtaa Hoe ||	One who belongs to the All-powerful Lord and Master	ਹੇ ਭਾਈ! (ਮਾਇਆ ਦੇ ਕਾਮਾਦਿਕ ਸੂਰਮੇ ਹਨ ਤਾਂ ਬੜੇ ਬਲੀ, ਪਰ) ਜਿਸ ਮਨੁੱਖ ਦੇ ਸਿਰ ਉੱਤੇ ਰਾਖਾ ਸਭ ਤੋਂ ਬਲੀ ਮਾਲਕ-ਪ੍ਰਭੂ ਆਪ ਹੋਵੇ,
35931	842	ਤਿਸ ਨੋ ਮਾਰਿ ਨ ਸਾਕੈ ਕੋਇ॥		This No Maar N Saakai Koe ||	No one can destroy him.	ਉਸ ਨੂੰ ਕੋਈ (ਕਾਮਾਦਿਕ ਵੈਰੀ) ਢਾਹ ਨਹੀਂ ਸਕਦਾ।

35932	842	ਸਾਹਿਬ ਕੀ ਸੇਵਕੁ ਰਹੈ ਸਰਣਾਈ॥		Saahib Kee Saevak Rehai Saranaaee ||	The Lord's servant remains under His protection;	(ਕਿਉਂਕਿ) ਸੇਵਕ (ਆਪਣੇ) ਮਾਲਕ-ਪ੍ਰਭੂ ਦੀ ਸਰਨ ਪਿਆ ਰਹਿੰਦਾ ਹੈ,
35933	842	ਆਪੇ ਬਖਸੇ ਦੇ ਵਡਿਆਈ॥		Aapae Bakhasae Dhae Vaddiaaee ||	The Lord Himself forgives him, and blesses him with glorious greatness.	ਉਹ ਆਪ ਹੀ (ਉਸ ਉਤੇ) ਬਖ਼ਸ਼ਸ਼ ਕਰਦਾ ਹੈ, (ਤੇ, ਉਸ ਨੂੰ) ਇੱਜ਼ਤ ਦੇਂਦਾ ਹੈ।
35934	842	ਤਿਸ ਤੇ ਊਪਰਿ ਨਾਹੀ ਕੋਇ॥		This Thae Oopar Naahee Koe ||	There is none higher than Him.	ਹੇ ਭਾਈ! ਉਸ (ਪਰਮਾਤਮਾ) ਨਾਲੋਂ ਵੱਡਾ ਹੋਰ ਕੋਈ ਨਹੀਂ ਹੈ।
35935	842	ਕਉਣੁ ਡਰੈ ਡਰੁ ਕਿਸ ਕਾ ਹੋਇ॥੪॥		Koun Ddarai Ddar Kis Kaa Hoe ||4||	Why should he be afraid? What should he ever fear? ||4||	(ਸੇਵਕ ਨੂੰ ਇਹ ਨਿਸ਼ਚਾ ਬਣ ਜਾਂਦਾ ਹੈ, ਇਸ ਵਾਸਤੇ) ਕਿਸੇ ਤੋਂ ਨਹੀਂ ਡਰਦਾ, ਉਸ ਨੂੰ ਕਿਸੇ (ਕਾਮਾਦਿਕ ਵੈਰੀ) ਦਾ ਡਰ-ਦਬਾਉ ਨਹੀਂ ਹੁੰਦਾ ॥੪॥
35936	842	ਗੁਰਮਤੀ ਸਾਂਤਿ ਵਸੈ ਸਰੀਰ॥		Guramathee Saanth Vasai Sareer ||	Through the Guru's Teachings, peace and tranquility abide within the body.	ਹੇ ਭਾਈ! ਗੁਰੂ ਦੀ ਮਤਿ ਉੱਤੇ ਤੁਰ ਕੇ (ਵਡਭਾਗੀ ਮਨੁੱਖ ਦੇ) ਹਿਰਦੇ ਵਿਚ ਸ਼ਾਂਤੀ ਪੈਦਾ ਹੋ ਜਾਂਦੀ ਹੈ,
35937	842	ਸਬਦੁ ਚੀਨ੍ਹਿ ਫਿਰਿ ਲਗੈ ਨ ਪੀਰ॥		Sabadh Cheenih Fir Lagai N Peer ||	Remember the Word of the Shabad, and you shall never suffer pain.	ਗੁਰੂ ਦੇ ਸ਼ਬਦ ਨਾਲ ਡੂੰਘੀ ਸਾਂਝ ਪਾ ਕੇ ਉਸ ਨੂੰ (ਕਾਮਾਦਿਕ ਵੈਰੀ ਤੋਂ ਕੋਈ) ਕਲੇਸ਼ ਨਹੀਂ ਪੋਹ ਸਕਦਾ।
35938	842	ਆਵੈ ਨ ਜਾਇ ਨਾ ਦੁਖੁ ਪਾਏ॥		Aavai N Jaae Naa Dhukh Paaeae ||	You shall not have to come or go, or suffer in sorrow.	ਉਹ ਮਨੁੱਖ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ, ਉਹ (ਇਸ ਗੇੜ ਦਾ) ਦੁੱਖ ਨਹੀਂ ਸਹਾਰਦਾ।

35939	842	ਨਾਮੇ ਰਾਤੇ ਸਹਜਿ ਸਮਾਏ॥		Naamae Raathae Sehaj Samaaeae ||	Imbued with the Naam, the Name of the Lord, you shall merge in celestial peace.	ਹੇ ਭਾਈ! ਪਰਮਾਤਮਾ ਦੇ ਨਾਮ ਵਿਚ ਰੰਗੇ ਹੋਏ ਮਨੁੱਖ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ।
35940	842	ਨਾਨਕ ਗੁਰਮੁਖਿ ਵੇਖੈ ਹਦੂਰਿ॥		Naanak Guramukh Vaekhai Hadhoor ||	O Nanak, the Gurmukh beholds Him ever-present, close at hand.	ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਪਰਮਾਤਮਾ ਨੂੰ ਆਪਣੇ) ਅੰਗ-ਸੰਗ ਵੱਸਦਾ ਵੇਖਦਾ ਹੈ,
35941	842	ਮੇਰਾ ਪ੍ਰਭੁ ਸਦ ਰਹਿਆ ਭਰਪੂਰਿ॥੫॥		Maeraa Prabh Sadh Rehiaa Bharapoor ||5||	My God is always fully pervading everywhere. ||5||	(ਅਤੇ ਆਖਦਾ ਹੈ ਕਿ) ਮੇਰਾ ਪਰਮਾਤਮਾ ਸਦਾ ਹਰ ਥਾਂ ਮੌਜੂਦ ਹੈ ॥੫॥
35942	842	ਇਕਿ ਸੇਵਕ ਇਕਿ ਭਰਮਿ ਭੁਲਾਏ॥	ਭੁੱਲਾਏ	Eik Saevak Eik Bharam Bhulaaeae ||	Some are selfless servants, while others wander, deluded by doubt.	ਹੇ ਭਾਈ! ਕਈ (ਜੀਵਾਂ ਨੂੰ ਉਸ ਨੇ ਆਪਣੇ) ਸੇਵਕ ਬਣਾਇਆ ਹੋਇਆ ਹੈ, ਅਤੇ ਕਈ ਜੀਵਾਂ ਨੂੰ ਭਟਕਣਾ (ਪਾ ਕੇ) ਕੁਰਾਹੇ ਪਾਇਆ ਹੋਇਆ ਹੈ।
35943	842	ਆਪੇ ਕਰੇ ਹਰਿ ਆਪਿ ਕਰਾਏ॥		Aapae Karae Har Aap Karaaeae ||	The Lord Himself does, and causes everything to be done.	(ਸਭ ਜੀਵਾਂ ਵਿਚ ਵਿਆਪਕ ਹੋ ਕੇ) ਪਰਮਾਤਮਾ ਆਪ ਹੀ (ਸਭ ਕੁਝ) ਕਰਦਾ ਹੈ, ਆਪ ਹੀ (ਜੀਵਾਂ ਪਾਸੋਂ) ਕਰਾਂਦਾ ਹੈ।
35944	842	ਏਕੋ ਵਰਤੈ ਅਵਰੁ ਨ ਕੋਇ॥		Eaeko Varathai Avar N Koe ||	The One Lord is all-pervading; there is no other at all.	(ਹਰ ਥਾਂ) ਪਰਮਾਤਮਾ ਆਪ ਹੀ ਮੌਜੂਦ ਹੈ, (ਉਸ ਤੋਂ ਬਿਨਾ) ਹੋਰ ਕੋਈ ਨਹੀਂ ਹੈ।

35945	842	ਮਨਿ ਰੋਸੁ ਕੀਜੈ ਜੇ ਦੂਜਾ ਹੋਇ॥		Man Ros Keejai Jae Dhoojaa Hoe ||	The mortal might complain, if there were any other.	(ਕਿਸੇ ਨੂੰ ਗੁਰਮੁਖ ਅਤੇ ਕਿਸੇ ਨੂੰ ਮਨਮੁਖ ਵੇਖ ਕੇ) ਮਨ ਵਿਚ ਗਿਲਾ ਤਾਂ ਹੀ ਕੀਤਾ ਜਾਏ ਜੇ (ਪਰਮਾਤਮਾ ਤੋਂ ਬਿਨਾ ਕਿਤੇ) ਕੋਈ ਹੋਰ ਹੋਵੇ।
35946	842	ਸਤਿਗੁਰੁ ਸੇਵੇ ਕਰਣੀ ਸਾਰੀ॥		Sathigur Saevae Karanee Saaree ||	Serve the True Guru; this is the most excellent action.	ਹੇ ਭਾਈ! (ਗੁਰੂ ਦੀ ਸਰਨ ਪਏ ਰਹਿਣਾ ਹੀ) ਸਭ ਤੋਂ ਸ੍ਰੇਸ਼ਟ ਕਰਤੱਬ ਹੈ।
35947	842	ਦਰਿ ਸਾਚੈ ਸਾਚੇ ਵੀਚਾਰੀ॥੬॥		Dhar Saachai Saachae Veechaaree ||6||	In the Court of the True Lord, you shall be judged true. ||6||	ਜਿਹੜੇ ਮਨੁੱਖ ਗੁਰੂ ਦੀ ਸਰਨ ਪਏ ਰਹਿੰਦੇ ਹਨ, ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਦਰ ਤੇ ਸੁਰਖ਼ਰੂ ਹੁੰਦੇ ਹਨ, ਵਿਚਾਰਵਾਨ (ਮੰਨੇ ਜਾਂਦੇ) ਹਨ ॥੬॥
35948	842	ਥਿਤੀ ਵਾਰ ਸਭਿ ਸਬਦਿ ਸੁਹਾਏ॥	ਥਿੱਤੀ	Thhithee Vaar Sabh Sabadh Suhaaeae ||	All the lunar days, and the days of the week are beautiful, when one contemplates the Shabad.	ਹੇ ਭਾਈ! (ਲੋਕ ਖ਼ਾਸ ਖ਼ਾਸ ਥਿੱਤਾਂ ਤੇ ਵਾਰਾਂ ਨੂੰ ਪਵਿੱਤਰ ਮੰਨ ਕੇ ਖ਼ਾਸ ਖ਼ਾਸ ਧਾਰਮਿਕ ਕਰਮ ਕਰਦੇ ਹਨ ਅਤੇ ਖ਼ਾਸ ਖ਼ਾਸ ਫਲ ਮਿਲਣ ਦੀ ਆਸ ਰੱਖਦੇ ਹਨ, ਪਰ) ਸਾਰੀਆਂ ਥਿੱਤਾਂ ਸਾਰੇ ਵਾਰ (ਤਦੋਂ ਹੀ) ਸੋਹਣੇ ਹਨ (ਜੇ ਮਨੁੱਖ ਗੁਰੂ ਦੇ) ਸ਼ਬਦ ਵਿਚ (ਜੁੜੇ ਰਹਿਣ)।
35949	842	ਸਤਿਗੁਰੁ ਸੇਵੇ ਤਾ ਫਲੁ ਪਾਏ॥		Sathigur Saevae Thaa Fal Paaeae ||	If one serves the True Guru, he obtains the fruits of his rewards.	(ਮਨੁੱਖ) ਗੁਰੂ ਦੀ ਸਰਨ ਪਏ, ਤਦੋਂ ਹੀ (ਮਨੁੱਖਾ ਜੀਵਨ ਦਾ ਸ੍ਰੇਸ਼ਟ) ਫਲ ਹਾਸਲ ਕਰਦਾ ਹੈ।

35950	842	ਥਿਤੀ ਵਾਰ ਸਭਿ ਆਵਹਿ ਜਾਹਿ॥		Thhithee Vaar Sabh Aavehi Jaahi ||	The omens and days all come and go.	ਇਹ ਥਿੱਤਾਂ ਇਹ ਵਾਰ ਸਾਰੇ ਆਉਂਦੇ ਹਨ ਅਤੇ ਲੰਘ ਜਾਂਦੇ ਹਨ।
35951	842	ਗੁਰ ਸਬਦੁ ਨਿਹਚਲੁ ਸਦਾ ਸਚਿ ਸਮਾਹਿ॥		Gur Sabadh Nihachal Sadhaa Sach Samaahi ||	But the Word of the Guru's Shabad is eternal and unchanging. Through it, one merges in the True Lord.	ਗੁਰੂ ਦਾ ਸ਼ਬਦ (ਹੀ) ਅਟੱਲ ਰਹਿਣ ਵਾਲਾ ਹੈ (ਸ਼ਬਦ ਦੀ ਬਰਕਤ ਨਾਲ ਮਨੁੱਖ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਸਦਾ ਲੀਨ ਰਹਿ ਸਕਦੇ ਹਨ।
35952	842	ਥਿਤੀ ਵਾਰ ਤਾ ਜਾ ਸਚਿ ਰਾਤੇ॥	ਤਾਂ। ਰੱਾਤੇ	Thhithee Vaar Thaa Jaa Sach Raathae ||	The days are auspicious, when one is imbued with Truth.	(ਇਹ) ਥਿੱਤਾਂ ਤੇ ਵਾਰ ਤਦੋਂ ਹੀ (ਮਨੁੱਖਾਂ ਲਈ ਭਲੇ ਹੁੰਦੇ ਹਨ) ਜਦੋਂ ਮਨੁੱਖ ਸਦਾ-ਥਿਰ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ।
35953	842	ਬਿਨੁ ਨਾਵੈ ਸਭਿ ਭਰਮਹਿ ਕਾਚੇ॥੭॥		Bin Naavai Sabh Bharamehi Kaachae ||7||	Without the Name, all the false ones wander deluded. ||7||	ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਖੁੰਝੇ ਹੋਏ ਸਾਰੇ ਜੀਵ ਕਮਜ਼ੋਰ ਆਤਮਕ ਜੀਵਨ ਵਾਲੇ (ਹੋਣ ਕਰ ਕੇ) ਭਟਕਦੇ ਰਹਿੰਦੇ ਹਨ ॥੭॥
35954	842	ਮਨਮੁਖ ਮਰਹਿ ਮਰਿ ਬਿਗਤੀ ਜਾਹਿ॥	ਬਿ-ਗਤੀ:ਪੋਲਾ ਬੋਲੋ	Manamukh Marehi Mar Bigathee Jaahi ||	The self-willed manmukhs die, and dead, they fall into the most evil state.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਆਤਮਕ ਮੌਤ ਸਹੇੜ ਲੈਂਦੇ ਹਨ, ਆਤਮਕ ਮੌਤੇ ਮਰ ਕੇ (ਜਗਤ ਤੋਂ) ਮੰਦੀ ਆਤਮਕ ਹਾਲਤ ਵਿਚ ਹੀ ਜਾਂਦੇ ਹਨ,

35955	842	ਏਕੁ ਨ ਚੇਤਹਿ ਦੂਜੈ ਲੋਭਾਹਿ॥		Eaek N Chaethehi Dhoojai Lobhaahi ||	They do not remember the One Lord; they are deluded by duality.	(ਕਿਉਂਕਿ) ਉਹ (ਕਦੇ) ਪਰਮਾਤਮਾ ਦਾ ਸਿਮਰਨ ਨਹੀਂ ਕਰਦੇ; ਅਤੇ ਮਾਇਆ ਦੇ ਮੋਹ ਵਿਚ ਹੀ ਫਸੇ ਰਹਿੰਦੇ ਹਨ।
35956	842	ਅਚੇਤ ਪਿੰਡੀ ਅਗਿਆਨ ਅੰਧਾਰੁ॥		Achaeth Pinddee Agiaan Andhhaar ||	The human body is unconscious, ignorant and blind.	ਹੇ ਭਾਈ! ਮੂਰਖ ਮਤਿ ਵਾਲਾ ਮਨੁੱਖ, ਆਤਮਕ ਜੀਵਨ ਵਲੋਂ ਬੇ-ਸਮਝ ਮਨੁੱਖ, ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮਨੁੱਖ-
35957	842	ਬਿਨੁ ਸਬਦੈ ਕਿਉ ਪਾਏ ਪਾਰੁ॥		Bin Sabadhai Kio Paaeae Paar ||	Without the Word of the Shabad, how can anyone cross over?	(ਵਿਕਾਰਾਂ-ਭਰੇ ਸੰਸਾਰ-ਸਮੁੰਦਰ ਦਾ) ਪਾਰਲਾ ਬੰਨਾ ਨਹੀਂ ਲੱਭ ਸਕਦਾ (ਉਹ ਸਦਾ ਵਿਕਾਰਾਂ ਵਿਚ ਹੀ ਡੁੱਬਾ ਰਹਿੰਦਾ ਹੈ)।
35958	842	ਆਪਿ ਉਪਾਏ ਉਪਾਵਣਹਾਰੁ॥		Aap Oupaaeae Oupaavanehaar ||	The Creator Himself creates.	(ਪਰ ਜੀਵ ਦੇ ਵੱਸ ਦੀ ਗੱਲ ਨਹੀਂ), (ਜੀਵਾਂ ਨੂੰ) ਪੈਦਾ ਕਰਨ ਦੀ ਸਮਰਥਾ ਵਾਲੇ ਪਰਮਾਤਮਾ ਨੇ ਆਪ (ਹੀ ਜੀਵਾਂ ਨੂੰ) ਪੈਦਾ ਕੀਤਾ ਹੈ,
35959	842	ਆਪੇ ਕੀਤੋਨੁ ਗੁਰ ਵੀਚਾਰੁ॥੮॥		Aapae Keethon Gur Veechaar ||8||	He Himself contemplates the Guru's Word. ||8||	(ਉਸ ਨੇ) ਆਪ ਹੀ (ਸਹੀ ਜੀਵਨ ਬਾਰੇ) ਗੁਰੂ ਦਾ (ਦੱਸਿਆ) ਵਿਚਾਰ ਬਣਾਇਆ ਹੋਇਆ ਹੈ (ਗੁਰੂ ਦੇ ਰਸਤੇ ਉੱਤੇ ਉਹ ਆਪ ਹੀ ਜੀਵਾਂ ਨੂੰ ਤੋਰਦਾ ਹੈ) ॥੮॥

35960	842	ਬਹੁਤੇ ਭੇਖ ਕਰਹਿ ਭੇਖਧਾਰੀ॥		Bahuthae Bhaekh Karehi Bhaekhadhhaaree ||	The religious fanatics wear all sorts of religious robes.	ਹੇ ਭਾਈ! ਨਿਰੇ ਧਾਰਮਿਕ ਪਹਿਰਾਵੇ ਦਾ ਆਸਰਾ ਲੈਣ ਵਾਲੇ ਮਨੁੱਖ ਅਨੇਕਾਂ ਭੇਖ ਕਰਦੇ ਰਹਿੰਦੇ ਹਨ,
35961	842	ਭਵਿ ਭਵਿ ਭਰਮਹਿ ਕਾਚੀ ਸਾਰੀ॥		Bhav Bhav Bharamehi Kaachee Saaree ||	They roll around and wander around, like the false dice on the board.	(ਤੀਰਥ ਆਦਿਕ ਕਈ ਥਾਈਂ) ਭੌਂ ਭੌਂ ਕੇ ਭਟਕਦੇ ਰਹਿੰਦੇ ਹਨ, (ਅਜਿਹੇ ਮਨੁੱਖ) ਕੱਚੀਆਂ ਨਰਦਾਂ (ਵਾਂਗ ਵਿਕਾਰਾਂ ਤੋਂ ਮਾਰ ਖਾਂਦੇ ਹੀ ਰਹਿੰਦੇ ਹਨ)।
35962	842	ਐਥੈ ਸੁਖੁ ਨ ਆਗੈ ਹੋਇ॥		Aithhai Sukh N Aagai Hoe ||	They find no peace, here or hereafter.	ਉਹਨਾਂ ਨੂੰ ਆਤਮਕ ਆਨੰਦ ਨਾਹ ਇਸ ਲੋਕ ਵਿਚ ਮਿਲਦਾ ਹੈ ਨਾਹ ਪਰਲੋਕ ਵਿਚ ਮਿਲਦਾ ਹੈ।
35963	843	ਮਨਮੁਖ ਮੁਏ ਅਪਣਾ ਜਨਮੁ ਖੋਇ॥		Manamukh Mueae Apanaa Janam Khoe ||	The self-willed manmukhs waste away their lives, and die.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ (ਅਜਿਹੇ ਮਨੁੱਖ) ਆਪਣਾ ਮਨੁੱਖ ਜਨਮ ਅਜਾਈਂ ਗਵਾ ਕੇ ਆਤਮਕ ਮੌਤੇ ਮਰੇ ਰਹਿੰਦੇ ਹਨ।
35964	843	ਸਤਿਗੁਰੁ ਸੇਵੇ ਭਰਮੁ ਚੁਕਾਏ॥		Sathigur Saevae Bharam Chukaaeae ||	Serving the True Guru, doubt is driven away.	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ (ਆਪਣੇ ਅੰਦਰੋਂ) ਭਟਕਣਾ ਮੁਕਾ ਲੈਂਦਾ ਹੈ,
35965	843	ਘਰ ਹੀ ਅੰਦਰਿ ਸਚੁ ਮਹਲੁ ਪਾਏ॥੯॥		Ghar Hee Andhar Sach Mehal Paaeae ||9||	Deep within the home of the heart, one finds the Mansion of the True Lord's Presence. ||9||	ਉਹ ਆਪਣੇ ਹਿਰਦੇ-ਘਰ ਵਿਚ ਹੀ ਸਦਾ-ਥਿਰ ਪ੍ਰਭੂ ਦਾ ਟਿਕਾਣਾ ਲੱਭ ਲੈਂਦਾ ਹੈ (ਉਸ ਨੂੰ ਥਿੱਤਾਂ ਆਦਿਕ ਦਾ ਆਸਰਾ ਲੈ ਕੇ ਤੀਰਥ ਆਦਿਕਾਂ ਤੇ ਭਟਕਣ ਦੀ ਲੋੜ ਨਹੀਂ ਪੈਂਦੀ) ॥੯॥

35966	843	ਆਪੇ ਪੂਰਾ ਕਰੇ ਸੁ ਹੋਇ॥		Aapae Pooraa Karae S Hoe ||	Whatever the Perfect Lord does, that alone happens.	ਹੇ ਭਾਈ! ਪੂਰਨ ਪ੍ਰਭੂ ਆਪ ਹੀ (ਜੋ ਕੁਝ) ਕਰਦਾ ਹੈ ਉਹ ਹੁੰਦਾ ਹੈ।
35967	843	ਏਹਿ ਥਿਤੀ ਵਾਰ ਦੂਜਾ ਦੋਇ॥		Eaehi Thhithee Vaar Dhoojaa Dhoe ||	Concern with these omens and days leads only to duality.	(ਖ਼ਾਸ ਖ਼ਾਸ ਥਿੱਤਾਂ ਨੂੰ ਚੰਗੀਆਂ ਜਾਣ ਕੇ ਭਟਕਦੇ ਨਾਹ ਫਿਰੋ, ਸਗੋਂ) ਇਹ ਥਿੱਤਾਂ ਇਹ ਵਾਰ ਮਨਾਣੇ ਤਾਂ ਮਾਇਆ ਦਾ ਮੋਹ ਪੈਦਾ ਕਰਨ ਦਾ ਕਾਰਣ ਬਣਦੇ ਹਨ, ਮੇਰ-ਤੇਰ ਪੈਦਾ ਕਰਦੇ ਹਨ।
35968	843	ਸਤਿਗੁਰ ਬਾਝਹੁ ਅੰਧੁ ਗੁਬਾਰੁ॥		Sathigur Baajhahu Andhh Gubaar ||	Without the True Guru, there is only pitch darkness.	ਗੁਰੂ ਦੀ ਸਰਨ ਆਉਣ ਤੋਂ ਬਿਨਾ ਮਨੁੱਖ (ਆਤਮਕ ਜੀਵਨ ਵਲੋਂ) ਪੂਰੇ ਤੌਰ ਤੇ ਅੰਨ੍ਹਾ ਹੋਇਆ ਰਹਿੰਦਾ ਹੈ।
35969	843	ਥਿਤੀ ਵਾਰ ਸੇਵਹਿ ਮੁਗਧ ਗਵਾਰ॥		Thhithee Vaar Saevehi Mugadhh Gavaar ||	Only idiots and fools worry about these omens and days.	(ਗੁਰੂ ਦਾ ਆਸਰਾ-ਪਰਨਾ ਛੱਡ ਕੇ) ਮੂਰਖ ਮਨੁੱਖ ਹੀ ਥਿੱਤਾਂ ਤੇ ਵਾਰ ਮਨਾਂਦੇ ਫਿਰਦੇ ਹਨ।
35970	843	ਨਾਨਕ ਗੁਰਮੁਖਿ ਬੂਝੈ ਸੋਝੀ ਪਾਇ॥		Naanak Guramukh Boojhai Sojhee Paae ||	O Nanak, the Gurmukh obtains understanding and realization;	ਹੇ ਨਾਨਕ! ਗੁਰੂ ਦੀ ਸਰਨ ਪੈ ਕੇ (ਜਿਹੜਾ ਮਨੁੱਖ) ਸਮਝਦਾ ਹੈ, ਉਸ ਨੂੰ (ਆਤਮਕ ਜੀਵਨ ਦੀ) ਸੂਝ ਆ ਜਾਂਦੀ ਹੈ,
35971	843	ਇਕਤੁ ਨਾਮਿ ਸਦਾ ਰਹਿਆ ਸਮਾਇ॥੧੦॥੨॥	ਇਕ-ਤੁ	Eikath Naam Sadhaa Rehiaa Samaae ||10||2||	He remains forever merged in the Name of the One Lord. ||10||2||	ਉਹ ਮਨੁੱਖ ਸਦਾ ਸਿਰਫ਼ ਪਰਮਾਤਮਾ ਦੇ ਨਾਮ ਵਿਚ ਹੀ ਲੀਨ ਰਹਿੰਦਾ ਹੈ ॥੧੦॥੨॥

35972	843	ਬਿਲਾਵਲੁ ਮਹਲਾ ੧ ਛੰਤ ਦਖਣੀ		Bilaaval Mehalaa 1 Shhanth Dhakhanee	Bilaaval, First Mehl, Chhant, Dakhnee:	ਰਾਗ ਬਿਲਾਵਲੁ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਛੰਤ-ਦਖਣੀ'।
35973	843	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
35974	843	ਮੁੰਧ ਨਵੇਲੜੀਆ ਗੋਇਲਿ ਆਈ ਰਾਮ॥	(ਮੁੰਧ)ਬੇਸਮਝ। ਨਵੇਲੜੀ-ਆ ਨਵੀਨ। (ਗੋਇਲਿ)ਗੋਲ਼ਵਾਸੇ ਸੰਸਾਰ ਚ	Mundhh Navaelarreeaa Goeil Aaee Raam ||	The young, innocent soul-bride has come to the pasture lands of the world.	ਥੋੜ੍ਹੇ ਦਿਨਾਂ ਦੇ ਵਸੇਬੇ ਵਾਲੇ ਇਸ ਜਗਤ ਵਿਚ ਆ ਕੇ ਜਿਹੜੀ ਜੀਵ-ਇਸਤ੍ਰੀ ਵਿਕਾਰਾਂ ਤੋਂ ਬਚੀ ਰਹਿੰਦੀ ਹੈ,
35975	843	ਮਟੁਕੀ ਡਾਰਿ ਧਰੀ ਹਰਿ ਲਿਵ ਲਾਈ ਰਾਮ॥		Mattukee Ddaar Dhharee Har Liv Laaee Raam ||	Laying aside her pitcher of worldly concern, she lovingly attunes herself to her Lord.	ਜਿਸ ਨੇ ਪਰਮਾਤਮਾ (ਦੇ ਚਰਨਾਂ) ਵਿਚ ਸੁਰਤ ਜੋੜੀ ਹੋਈ ਹੈ ਤੇ ਸਰੀਰ ਦਾ ਮੋਹ ਤਿਆਗ ਦਿੱਤਾ ਹੈ,
35976	843	ਲਿਵ ਲਾਇ ਹਰਿ ਸਿਉ ਰਹੀ ਗੋਇਲਿ ਸਹਜਿ ਸਬਦਿ ਸੀਗਾਰੀਆ॥		Liv Laae Har Sio Rehee Goeil Sehaj Sabadh Seegaareeaa ||	She remains lovingly absorbed in the pasture of the Lord, automatically embellished with the Word of the Shabad.	ਜਿਹੜੀ ਪ੍ਰਭੂ-ਚਰਨਾਂ ਵਿਚ ਪ੍ਰੀਤ ਜੋੜ ਕੇ ਇਸ ਜਗਤ ਵਿਚ ਜੀਵਨ ਬਿਤਾਂਦੀ ਹੈ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਸਤਿਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਆਪਣਾ ਜੀਵਨ ਸੋਹਣਾ ਬਣਾ ਲੈਂਦੀ ਹੈ।

35977	843	ਕਰ ਜੋੜਿ ਗੁਰ ਪਹਿ ਕਰਿ ਬਿਨੰਤੀ ਮਿਲਹੁ ਸਾਚਿ ਪਿਆਰੀਆ॥		Kar Jorr Gur Pehi Kar Binanthee Milahu Saach Piaareeaa ||	With her palms pressed together, she prays to the Guru, to unite her with her True Beloved Lord.	ਉਹ (ਸਦਾ ਦੋਵੇਂ) ਹੱਥ ਜੋੜ ਕੇ ਗੁਰੂ ਦੇ ਪਾਸ ਬੇਨਤੀ ਕਰਦੀ ਰਹਿੰਦੀ ਹੈ (ਕਿ, ਹੇ ਗੁਰੂ! ਮੈਨੂੰ) ਮਿਲ (ਤਾ ਕਿ ਮੈਂ ਤੇਰੀ ਕਿਰਪਾ ਨਾਲ) ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜ ਕੇ ਉਸ ਨੂੰ ਪਿਆਰ ਕਰ ਸਕਾਂ।
35978	843	ਧਨ ਭਾਇ ਭਗਤੀ ਦੇਖਿ ਪ੍ਰੀਤਮ ਕਾਮ ਕ੍ਰੋਧੁ ਨਿਵਾਰਿਆ॥		Dhhan Bhaae Bhagathee Dhaekh Preetham Kaam Krodhh Nivaariaa ||	Seeing His bride's loving devotion, the Beloved Lord eradicates unfulfilled sexual desire and unresolved anger.	ਅਜਿਹੀ ਜੀਵ-ਇਸਤ੍ਰੀ ਪ੍ਰੀਤਮ-ਪ੍ਰਭੂ ਦੀ ਭਗਤੀ ਦੀ ਰਾਹੀਂ ਪ੍ਰੀਤਮ-ਪ੍ਰਭੂ ਦੇ ਪ੍ਰੇਮ ਵਿਚ ਟਿਕ ਕੇ ਉਸ ਦਾ ਦਰਸਨ ਕਰ ਕੇ ਕਾਮ ਕ੍ਰੋਧ (ਆਦਿਕ ਵਿਕਾਰਾਂ ਨੂੰ ਆਪਣੇ ਅੰਦਰੋਂ) ਦੂਰ ਕਰ ਲੈਂਦੀ ਹੈ।
35979	843	ਨਾਨਕ ਮੁੰਧ ਨਵੇਲ ਸੁੰਦਰਿ ਦੇਖਿ ਪਿਰੁ ਸਾਧਾਰਿਆ॥੧॥		Naanak Mundhh Navael Sundhar Dhaekh Pir Saadhhaariaa ||1||	O Nanak, the young, innocent bride is so beautiful; seeing her Husband Lord, she is comforted. ||1||	ਹੇ ਨਾਨਕ! ਪਵਿਤ੍ਰ ਤੇ ਸੋਹਣੇ ਜੀਵਨ ਵਾਲੀ ਉਹ ਜੀਵ-ਇਸਤ੍ਰੀ ਪ੍ਰਭੂ-ਪਤੀ ਦਾ ਦੀਦਾਰ ਕਰ ਕੇ (ਉਸ ਦੀ ਯਾਦ ਨੂੰ) ਆਪਣੇ ਹਿਰਦੇ ਦਾ ਆਸਰਾ ਬਣਾ ਲੈਂਦੀ ਹੈ ॥੧॥
35980	843	ਸਚਿ ਨਵੇਲੜੀਏ ਜੋਬਨਿ ਬਾਲੀ ਰਾਮ॥	ਬੱਾਲੀ	Sach Navaelarreeeae Joban Baalee Raam ||	Truthfully, O young soul-bride, your youth keeps you innocent.	ਹੇ ਸਦਾ-ਥਿਰ ਪ੍ਰਭੂ ਵਿਚ ਜੁੜ ਕੇ ਵਿਕਾਰਾਂ ਤੋਂ ਬਚੀ ਜੀਵ-ਇਸਤ੍ਰੀਏ! ਜਵਾਨੀ ਵਿਚ ਭੀ ਭੋਲੇ ਸੁਭਾਉ ਵਾਲੀ (ਬਣੀ ਰਹੁ)

35981	843	ਆਉ ਨ ਜਾਉ ਕਹੀ ਅਪਨੇ ਸਹ ਨਾਲੀ ਰਾਮ॥		Aao N Jaao Kehee Apanae Seh Naalee Raam ||	Do not come and go anywhere; stay with your Husband Lord.	(ਅਹੰਕਾਰ ਛੱਡ ਕੇ) ਆਪਣੇ ਖਸਮ-ਪ੍ਰਭੂ (ਦੇ ਚਰਨਾਂ) ਵਿਚ ਟਿਕੀ ਰਹੁ (ਵੇਖੀਂ, ਉਸ ਦਾ ਪੱਲਾ ਛੱਡ ਕੇ) ਕਿਸੇ ਹੋਰ ਥਾਂ ਨਾਹ ਭਟਕਦੀ ਫਿਰੀਂ।
35982	843	ਨਾਹ ਅਪਨੇ ਸੰਗਿ ਦਾਸੀ ਮੈ ਭਗਤਿ ਹਰਿ ਕੀ ਭਾਵਏ॥	ਭਾ-ਵਏ	Naah Apanae Sang Dhaasee Mai Bhagath Har Kee Bhaaveae ||	I will stay with my Husband Lord; I am His hand-maiden. Devotional worship to the Lord is pleasing to me.	ਉਹੀ ਦਾਸੀ (ਸੁਭਾਗ ਹੈ ਜੋ) ਆਪਣੇ ਖਸਮ ਦੀ ਸੰਗਤਿ ਵਿਚ ਰਹਿੰਦੀ ਹੈ। (ਹੇ ਸਹੇਲੀਏ!) ਮੈਨੂੰ ਭੀ ਪ੍ਰਭੂ-ਪਤੀ ਦੀ ਭਗਤੀ ਹੀ ਪਿਆਰੀ ਲਗਦੀ ਹੈ।
35983	843	ਅਗਾਧਿ ਬੋਧਿ ਅਕਥੁ ਕਥੀਐ ਸਹਜਿ ਪ੍ਰਭ ਗੁਣ ਗਾਵਏ॥	ਅ-ਕਥੁ:ਪੋਲਾ ਬੋਲੋ। ਗਾ-ਵਏ	Agaadhh Bodhh Akathh Kathheeai Sehaj Prabh Gun Gaaveae ||	I know the unknowable, and speak the unspoken; I sing the Glorious Praises of the Celestial Lord God.	(ਜੇਹੜੀ ਜੀਵ-ਇਸਤ੍ਰੀ) ਆਤਮਕ ਅਡੋਲਤਾ ਵਿਚ ਟਿਕ ਕੇ ਪ੍ਰਭੂ ਦੇ ਗੁਣ ਗਾਂਦੀ ਹੈ (ਉਹ ਦਾਸੀ ਆਪਣੇ ਖਸਮ-ਪ੍ਰਭੂ ਦੀ ਸੰਗਤਿ ਵਿਚ ਸੋਭਦੀ ਹੈ)। (ਸੋ, ਸਹੇਲੀਏ! ਗੁਰੂ ਦੇ ਬਖ਼ਸ਼ੇ) ਗਿਆਨ ਦੀ ਰਾਹੀਂ (ਗੁਣਾਂ ਦੇ) ਅਥਾਹ (ਸਮੁੰਦਰ-) ਪ੍ਰਭੂ ਵਿਚ (ਚੁੱਭੀ ਲਾ ਕੇ) ਉਸ ਪ੍ਰਭੂ ਦਾ ਗੁਣਾਨੁਵਾਦ ਕਰਨਾ ਚਾਹੀਦਾ ਹੈ। ਉਹ ਪ੍ਰਭੂ ਐਸੇ ਸਰੂਪ ਵਾਲਾ ਹੈ ਜਿਸ ਦਾ ਬਿਆਨ ਨਹੀਂ ਹੋ ਸਕਦਾ।

35984	843	ਰਾਮ ਨਾਮ ਰਸਾਲ ਰਸੀਆ ਰਵੈ ਸਾਚਿ ਪਿਆਰੀਆ॥		Raam Naam Rasaal Raseeaa Ravai Saach Piaareeaa ||	She who chants and savors the taste of the Lord's Name is loved by the True Lord.	ਰਸਾਂ ਦਾ ਸੋਮਾ ਰਸਾਂ ਦਾ ਮਾਲਕ ਪ੍ਰਭੂ ਉਸ ਜੀਵ-ਇਸਤ੍ਰੀ ਨੂੰ ਆਪਣੇ ਚਰਨਾਂ ਵਿਚ ਜੋੜਦਾ ਹੈ ਜੋ ਉਸ ਦੇ ਸਦਾ-ਥਿਰ ਨਾਮ ਵਿਚ ਪਿਆਰ ਪਾਂਦੀ ਹੈ।
35985	843	ਗੁਰਿ ਸਬਦੁ ਦੀਆ ਦਾਨੁ ਕੀਆ ਨਾਨਕਾ ਵੀਚਾਰੀਆ॥੨॥		Gur Sabadh Dheeaa Dhaan Keeaa Naanakaa Veechaareeaa ||2||	The Guru grants her the gift of the Shabad; O Nanak, she contemplates and reflects upon it. ||2||	ਹੇ ਨਾਨਕ! ਜਿਸ ਸੁਭਾਗ ਜੀਵ-ਇਸਤ੍ਰੀ ਨੂੰ ਗੁਰੂ ਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਸ਼ਬਦ ਦਿੱਤਾ, ਜਿਸ ਨੂੰ ਇਹ ਉੱਚੀ ਦਾਤ ਬਖ਼ਸ਼ੀ, ਉਹ ਉੱਚੀ ਵਿਚਾਰ ਦੀ ਮਾਲਕ ਬਣ ਜਾਂਦੀ ਹੈ ॥੨॥
35986	843	ਸ੍ਰੀਧਰ ਮੋਹਿਅੜੀ ਪਿਰ ਸੰਗਿ ਸੂਤੀ ਰਾਮ॥	ਸੁੱਤੀ	Sreedhhar Mohiarree Pir Sang Soothee Raam ||	She who is fascinated by the Supreme Lord, sleeps with her Husband Lord.	(ਹੇ ਭਾਈ!) (ਉਹ ਜੀਵ-ਇਸਤ੍ਰੀ) ਮਾਇਆ ਦੇ ਪਤੀ-ਪ੍ਰਭੂ ਦੇ ਪਿਆਰ-ਵੱਸ ਹੋ ਜਾਂਦੀ ਹੈ ਉਹ ਜੀਵ-ਇਸਤ੍ਰੀ ਪਤੀ-ਪ੍ਰਭੂ ਦੇ ਚਰਨਾਂ ਵਿੱਚ ਜੁੜੀ ਰਹਿੰਦੀ ਹੈ,
35987	843	ਗੁਰ ਕੈ ਭਾਇ ਚਲੋ ਸਾਚਿ ਸੰਗੂਤੀ ਰਾਮ॥		Gur Kai Bhaae Chalo Saach Sangoothee Raam ||	She walks in harmony with the Guru's Will, attuned to the Lord.	(ਜਿਹੜੀ ਜੀਵ-ਇਸਤ੍ਰੀ ਦੀ) ਜੀਵਨ-ਚਾਲ ਗੁਰੂ ਦੇ ਅਨੁਸਾਰ ਰਹਿੰਦੀ ਹੈ ਜਿਹੜੀ ਜੀਵ-ਇਸਤ੍ਰੀ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦੀ ਹੈ।

35988	843	ਧਨ ਸਾਚਿ ਸੰਗੂਤੀ ਹਰਿ ਸੰਗਿ ਸੂਤੀ ਸੰਗਿ ਸਖੀ ਸਹੇਲੀਆ॥		Dhhan Saach Sangoothee Har Sang Soothee Sang Sakhee Sehaeleeaa ||	The soul-bride is attuned to the Truth, and sleeps with the Lord, along with her companions and sister soul-brides.	ਹੇ ਭਾਈ! ਸਤ-ਸੰਗਣ ਸਹੇਲੀਆਂ ਨਾਲ ਮਿਲ ਕੇ ਜਿਹੜੀ ਜੀਵ-ਇਸਤ੍ਰੀ ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਲੀਨ ਹੁੰਦੀ ਹੈ, ਪ੍ਰਭੂ-ਪਤੀ ਦੇ ਚਰਨਾਂ ਵਿਚ ਜੁੜਦੀ ਹੈ,
35989	843	ਇਕ ਭਾਇ ਇਕ ਮਨਿ ਨਾਮੁ ਵਸਿਆ ਸਤਿਗੁਰੂ ਹਮ ਮੇਲੀਆ॥		Eik Bhaae Eik Man Naam Vasiaa Sathiguroo Ham Maeleeaa ||	Loving the One Lord, with one-pointed mind, the Naam dwells within; I am united with the True Guru.	ਪਰਮਾਤਮਾ ਦੇ ਪਿਆਰ ਵਿਚ ਇਕਾਗਰ-ਮਨ ਟਿਕਣ ਦੇ ਕਾਰਨ (ਉਸ ਦੇ ਅੰਦਰ ਪਰਮਾਤਮਾ ਦਾ) ਨਾਮ ਆ ਵੱਸਦਾ ਹੈ (ਉਸ ਦੇ ਅੰਦਰ ਇਹ ਸਰਧਾ ਬਣ ਜਾਂਦੀ ਹੈ ਕਿ) ਗੁਰੂ ਨੇ (ਮੈਨੂੰ) ਪ੍ਰਭੂ ਦੇ ਚਰਨਾਂ ਵਿਚ ਮਿਲਾਇਆ ਹੈ।
35990	843	ਦਿਨੁ ਰੈਣਿ ਘੜੀ ਨ ਚਸਾ ਵਿਸਰੈ ਸਾਸਿ ਸਾਸਿ ਨਿਰੰਜਨੋ॥		Dhin Rain Gharree N Chasaa Visarai Saas Saas Niranjano ||	Day and night, with each and every breath, I do not forget the Immaculate Lord, for a moment, even for an instant.	(ਉਸ ਜੀਵ-ਇਸਤ੍ਰੀ ਨੂੰ) ਦਿਨ ਰਾਤ ਘੜੀ ਪਲ (ਕਿਸੇ ਵੇਲੇ ਭੀ ਪਰਮਾਤਮਾ ਦੀ ਯਾਦ) ਨਹੀਂ ਭੁੱਲਦੀ, (ਉਹ ਜੀਵ-ਇਸਤ੍ਰੀ) ਹਰੇਕ ਸਾਹ ਦੇ ਨਾਲ ਨਿਰੰਜਨ-ਪ੍ਰਭੂ (ਨੂੰ ਚੇਤੇ ਰੱਖਦੀ ਹੈ)।
35991	843	ਸਬਦਿ ਜੋਤਿ ਜਗਾਇ ਦੀਪਕੁ ਨਾਨਕਾ ਭਉ ਭੰਜਨੋ॥੩॥		Sabadh Joth Jagaae Dheepak Naanakaa Bho Bhanjano ||3||	So light the lamp of the Shabad, O Nanak, and burn away your fear. ||3||	ਹੇ ਨਾਨਕ! (ਆਖ-ਹੇ ਭਾਈ!) ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰ ਰੱਬੀ) ਜੋਤਿ ਜਗਾ ਕੇ ਦੀਵਾ ਜਗਾ ਕੇ (ਉਹ ਜੀਵ-ਇਸਤ੍ਰੀ ਆਪਣੇ ਅੰਦਰੋਂ ਹਰੇਕ) ਡਰ-ਸਹਿਮ ਨਾਸ ਕਰ ਲੈਂਦੀ ਹੈ ॥੩॥

35992	843	ਜੋਤਿ ਸਬਾਇੜੀਏ ਤ੍ਰਿਭਵਣ ਸਾਰੇ ਰਾਮ॥		Joth Sabaaeirreeeae Thribhavan Saarae Raam ||	O soul-bride, the Lord's Light pervades all the three worlds.	ਹੇ ਸਹੇਲੀਏ! (ਪਰਮਾਤਮਾ ਦੀ) ਜੋਤਿ ਹਰ ਥਾਂ (ਪਸਰੀ ਹੋਈ) ਹੈ, ਉਹ ਪ੍ਰਭੂ ਸਾਰੇ ਜਗਤ ਦੀ ਸੰਭਾਲ ਕਰਦਾ ਹੈ।
35993	843	ਘਟਿ ਘਟਿ ਰਵਿ ਰਹਿਆ ਅਲਖ ਅਪਾਰੇ ਰਾਮ॥	ਅ-ਲਖ	Ghatt Ghatt Rav Rehiaa Alakh Apaarae Raam ||	He is pervading each and every heart, the Invisible and Infinite Lord.	ਉਹ ਅਦ੍ਰਿਸ਼ਟ ਤੇ ਬੇਅੰਤ ਪ੍ਰਭੂ ਹਰੇਕ ਸਰੀਰ ਵਿਚ ਮੌਜੂਦ ਹੈ।
35994	843	ਅਲਖ ਅਪਾਰ ਅਪਾਰੁ ਸਾਚਾ ਆਪੁ ਮਾਰਿ ਮਿਲਾਈਐ॥		Alakh Apaar Apaar Saachaa Aap Maar Milaaeeai ||	He is Invisible and Infinite, Infinite and True; subduing his self-conceit, one meets Him.	ਹੇ ਸਹੇਲੀਏ! ਉਹ ਪਰਮਾਤਮਾ ਅਦ੍ਰਿਸ਼ਟ ਹੈ, ਬੇਅੰਤ ਹੈ, ਬੇਅੰਤ ਹੈ, ਉਹ ਸਦਾ ਕਾਇਮ ਰਹਿਣ ਵਾਲਾ ਹੈ। ਆਪਾ-ਭਾਵ ਮਾਰ ਕੇ (ਹੀ ਉਸ ਨੂੰ) ਮਿਲ ਸਕੀਦਾ ਹੈ।
35995	843	ਹਉਮੈ ਮਮਤਾ ਲੋਭੁ ਜਾਲਹੁ ਸਬਦਿ ਮੈਲੁ ਚੁਕਾਈਐ॥		Houmai Mamathaa Lobh Jaalahu Sabadh Mail Chukaaeeai ||	So burn away your egotistical pride, attachment and greed, with the Word of the Shabad; wash away your filth.	ਹੇ ਸਹੇਲੀਏ! (ਅਪਣੇ ਅੰਦਰੋਂ) ਹਉਮੈ, ਮਾਇਆ ਜੋੜਨ ਦੀ ਖਿੱਚ ਤੇ ਲਾਲਚ ਸਾੜ ਦੇਹ (ਸਹੇਲੀਏ! ਹਉਮੈ ਮਮਤਾ ਲੋਭ ਆਦਿਕ ਦੀ) ਮੈਲ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਮੁਕਾਈ ਜਾ ਸਕਦੀ ਹੈ।

35996	843	ਦਰਿ ਜਾਇ ਦਰਸਨੁ ਕਰੀ ਭਾਣੈ ਤਾਰਿ ਤਾਰਣਹਾਰਿਆ॥		Dhar Jaae Dharasan Karee Bhaanai Thaar Thaaranehaariaa ||	When you go to the Lord's Door, you shall receive the Blessed Vision of His Darshan; by His Will, the Savior will carry you across and save you.	(ਸੋ, ਹੇ ਸਹੇਲੀਏ! ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਦੀ) ਰਜ਼ਾ ਵਿਚ (ਤੁਰ ਕੇ ਜੀਵਨ ਬਿਤੀਤ ਕਰ, ਤੇ ਅਰਦਾਸ ਕਰਿਆ ਕਰ-) ਹੇ ਤਾਰਨਹਾਰ ਪ੍ਰਭੂ! (ਮੈਨੂੰ ਵਿਕਾਰਾਂ ਦੇ ਸਮੁੰਦਰ ਤੋਂ) ਪਾਰ ਲੰਘਾ ਲੈ (ਇਸ ਤਰ੍ਹਾਂ, ਹੇ ਸਹੇਲੀਏ! ਗੁਰੂ ਦੇ) ਦਰ ਤੇ ਜਾ ਕੇ (ਪਰਮਾਤਮਾ ਦਾ) ਦਰਸਨ ਕਰ ਲਏਂਗੀ।
35997	843	ਹਰਿ ਨਾਮੁ ਅੰਮ੍ਰਿਤੁ ਚਾਖਿ ਤ੍ਰਿਪਤੀ ਨਾਨਕਾ ਉਰ ਧਾਰਿਆ ॥੪॥੧॥		Har Naam Anmrith Chaakh Thripathee Naanakaa Our Dhhaariaa ||4||1||	Tasting the Ambrosial Nectar of the Lord's Name, the soul-bride is satisfied; O Nanak, she enshrines Him in her heart. ||4||1||	ਹੇ ਨਾਨਕ! (ਆਖ-ਹੇ ਸਹੇਲੀਏ! ਜਿਹੜੀ ਜੀਵ-ਇਸਤ੍ਰੀ ਪ੍ਰਭੂ ਦਾ ਨਾਮ ਆਪਣੇ) ਹਿਰਦੇ ਵਿਚ ਵਸਾਂਦੀ ਹੈ ਉਹ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਜਲ ਚੱਖ ਕੇ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦੀ ਹੈ ॥੪॥੧॥
35998	843	ਬਿਲਾਵਲੁ ਮਹਲਾ ੧॥		Bilaaval Mehalaa 1 ||	Bilaaval, First Mehl:	
35999	843	ਮੈ ਮਨਿ ਚਾਉ ਘਣਾ ਸਾਚਿ ਵਿਗਾਸੀ ਰਾਮ॥		Mai Man Chaao Ghanaa Saach Vigaasee Raam ||	My mind is filled with such a great joy; I have blossomed forth in Truth.	ਹੇ ਸਹੇਲੀਏ! ਸਦਾ-ਥਿਰ ਰਹਿਣ ਵਾਲੇ ਪਰਮਾਤਮਾ (ਦੇ ਨਾਮ) ਵਿਚ (ਟਿਕ ਕੇ) ਮੇਰਾ ਮਨ ਖਿੜਿਆ ਰਹਿੰਦਾ ਹੈ, ਮੇਰੇ ਮਨ ਵਿਚ ਬਹੁਤ ਚਾਉ ਬਣਿਆ ਰਹਿੰਦਾ ਹੈ।

36000	843	ਮੋਹੀ ਪ੍ਰੇਮ ਪਿਰੇ ਪ੍ਰਭਿ ਅਬਿਨਾਸੀ ਰਾਮ॥		Mohee Praem Pirae Prabh Abinaasee Raam ||	I am enticed by the love of my Husband Lord, the Eternal, Imperishable Lord God.	ਅਬਿਨਾਸ਼ੀ ਪਿਆਰੇ ਪ੍ਰਭੂ ਨੇ (ਮੇਰੇ ਮਨ ਨੂੰ ਆਪਣੇ) ਪ੍ਰੇਮ (ਦੀ ਖਿੱਚ ਨਾਲ) ਮਸਤ ਕਰ ਰੱਖਿਆ ਹੈ।
36001	843	ਅਵਿਗਤੋ ਹਰਿ ਨਾਥੁ ਨਾਥਹ ਤਿਸੈ ਭਾਵੈ ਸੋ ਥੀਐ॥		Avigatho Har Naathh Naathheh Thisai Bhaavai So Thheeai ||	The Lord is everlasting, the Master of masters. Whatever He wills, happens.	ਹੇ ਸਹੇਲੀਏ! ਉਹ ਪਰਮਾਤਮਾ ਇਹਨਾਂ ਅੱਖਾਂ ਨਾਲ ਨਹੀਂ ਦਿੱਸਦਾ, ਪਰ ਉਹ ਪਰਮਾਤਮਾ (ਵੱਡੇ ਵੱਡੇ) ਨਾਥਾਂ ਦਾ (ਭੀ) ਨਾਥ ਹੈ, (ਜਗਤ ਵਿਚ) ਉਹ ਹੀ ਹੁੰਦਾ ਹੈ, ਜੋ ਉਸ ਪਰਮਾਤਮਾ ਨੂੰ ਹੀ ਚੰਗਾ ਲੱਗਦਾ ਹੈ।
36002	843	ਕਿਰਪਾਲੁ ਸਦਾ ਦਇਆਲੁ ਦਾਤਾ ਜੀਆ ਅੰਦਰਿ ਤੂੰ ਜੀਐ॥		Kirapaal Sadhaa Dhaeiaal Dhaathaa Jeeaa Andhar Thoon Jeeai ||	O Great Giver, You are always kind and compassionate. You infuse life into all living beings.	ਹੇ ਪ੍ਰਭੂ! ਤੂੰ ਮਿਹਰ ਦਾ ਸਮੁੰਦਰ ਹੈਂ, ਤੂੰ ਸਦਾ ਹੀ ਦਇਆ ਦਾ ਸੋਮਾ ਹੈਂ, ਤੂੰ ਹੀ ਸਭ ਦਾਤਾਂ ਦੇਣ ਵਾਲਾ ਹੈਂ, ਤੂੰ ਸਭ ਜੀਵਾਂ ਦੇ ਅੰਦਰ ਜਿੰਦ ਹੈਂ।
36003	844	ਮੈ ਅਵਰੁ ਗਿਆਨੁ ਨ ਧਿਆਨੁ ਪੂਜਾ ਹਰਿ ਨਾਮੁ ਅੰਤਰਿ ਵਸਿ ਰਹੇ॥	ਵਸਿ:ਪੋਲਾ ਬੋਲੋ	Mai Avar Giaan N Dhhiaan Poojaa Har Naam Anthar Vas Rehae ||	I have no other spiritual wisdom, meditation or worship; the Name of the Lord alone dwells deep within me.	ਹੇ ਸਹੇਲੀਏ! (ਮੇਰੇ) ਮਨ ਵਿਚ ਪਰਮਾਤਮਾ ਦਾ ਨਾਮ ਵੱਸ ਰਿਹਾ ਹੈ (ਇਸ ਹਰਿ-ਨਾਮ ਦੇ ਬਰਾਬਰ ਦੀ) ਮੈਨੂੰ ਕੋਈ ਧਰਮ-ਚਰਚਾ, ਕੋਈ ਸਮਾਧੀ, ਕੋਈ ਦੇਵ-ਪੂਜਾ ਨਹੀਂ ਸੁੱਝਦੀ।

36004	844	ਭੇਖੁ ਭਵਨੀ ਹਠੁ ਨ ਜਾਨਾ ਨਾਨਕਾ ਸਚੁ ਗਹਿ ਰਹੇ॥੧॥		Bhaekh Bhavanee Hath N Jaanaa Naanakaa Sach Gehi Rehae ||1||	I know nothing about religious robes, pilgrimages or stubborn fanaticism; O Nanak, I hold tight to the Truth. ||1||	ਹੇ ਨਾਨਕ! (ਆਖ-ਹੇ ਸਹੇਲੀਏ!) ਮੈਂ ਸਦਾ ਕਾਇਮ ਰਹਿਣ ਵਾਲੇ ਹਰਿ-ਨਾਮ ਨੂੰ (ਆਪਣੇ ਹਿਰਦੇ ਵਿਚ) ਪੱਕੀ ਤਰ੍ਹਾਂ ਟਿਕਾ ਲਿਆ ਹੈ (ਇਸ ਦੇ ਬਰਾਬਰ ਦਾ) ਮੈਂ ਕੋਈ ਭੇਖ, ਕੋਈ ਤੀਰਥ-ਰਟਨ, ਕੋਈ ਹਠ-ਜੋਗ ਨਹੀਂ ਸਮਝਦੀ ॥੧॥
36005	844	ਭਿੰਨੜੀ ਰੈਣਿ ਭਲੀ ਦਿਨਸ ਸੁਹਾਏ ਰਾਮ॥		Bhinnarree Rain Bhalee Dhinas Suhaaeae Raam ||	The night is beautiful, drenched with dew, and the day is delightful,	ਹਰਿ-ਨਾਮ-ਰਸ ਵਿਚ ਭਿੱਜੀ ਹੋਈ ਉਸ ਜੀਵ-ਇਸਤ੍ਰੀ ਨੂੰ (ਜ਼ਿੰਦਗੀ ਦੀਆਂ) ਰਾਤਾਂ ਤੇ ਦਿਨ ਸਭ ਸੁਹਾਵਣੇ ਲੱਗਦੇ ਹਨ।
36006	844	ਨਿਜ ਘਰਿ ਸੂਤੜੀਏ ਪਿਰਮੁ ਜਗਾਏ ਰਾਮ॥	ਸੂੱਤੜੀਏ	Nij Ghar Sootharreeeae Piram Jagaaeae Raam ||	When her Husband Lord wakes the sleeping soul-bride, in the home of the self.	ਹੇ ਆਪਣੇ ਆਪ ਵਿਚ ਹੀ ਮਸਤ ਰਹਿਣ ਵਾਲੀ ਜੀਵ-ਇਸਤ੍ਰੀਏ! (ਵੇਖ, ਜਿਸ ਜੀਵ-ਇਸਤ੍ਰੀ ਨੂੰ) ਪਰਮਾਤਮਾ ਦਾ ਪਿਆਰ (ਮਾਇਆ ਦੇ ਮੋਹ ਤੋਂ) ਸੁਚੇਤ ਕਰਦਾ ਹੈ।
36007	844	ਨਵ ਹਾਣਿ ਨਵ ਧਨ ਸਬਦਿ ਜਾਗੀ ਆਪਣੇ ਪਿਰ ਭਾਣੀਆ॥		Nav Haan Nav Dhhan Sabadh Jaagee Aapanae Pir Bhaaneeaa ||	The young bride has awakened to the Word of the Shabad; she is pleasing to her Husband Lord.	ਜਿਹੜੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਮਾਇਆ ਦੇ ਮੋਹ ਤੋਂ) ਸੁਚੇਤ ਹੁੰਦੀ ਹੈ, ਉਹ ਜੀਵ-ਇਸਤ੍ਰੀ ਵਿਕਾਰਾਂ ਤੋਂ ਬਚੀ ਰਹਿੰਦੀ ਹੈ ਅਤੇ ਆਪਣੇ ਪ੍ਰਭੂ-ਪਤੀ ਨੂੰ ਪਿਆਰੀ ਲੱਗਣ ਲੱਗ ਪੈਂਦੀ ਹੈ।

36008	844	ਤਜਿ ਕੂੜੁ ਕਪਟੁ ਸੁਭਾਉ ਦੂਜਾ ਚਾਕਰੀ ਲੋਕਾਣੀਆ॥		Thaj Koorr Kapatt Subhaao Dhoojaa Chaakaree Lokaaneeaa ||	So renounce falsehood, fraud, love of duality and working for people.	ਉਹ ਜੀਵ-ਇਸਤ੍ਰੀ ਨਾਸਵੰਤ ਪਦਾਰਥਾਂ ਦਾ ਮੋਹ, ਠੱਗੀ-ਫ਼ਰੇਬ, ਮਾਇਆ ਨਾਲ ਪਿਆਰ ਪਾਈ ਰੱਖਣ ਵਾਲੀ ਆਦਤ, ਅਤੇ ਲੋਕਾਂ ਦੀ ਮੁਥਾਜੀ ਛੱਡ ਕੇ (ਪ੍ਰਭੂ-ਪਤੀ ਨੂੰ ਪਿਆਰ ਕਰਦੀ ਹੈ)।
36009	844	ਮੈ ਨਾਮੁ ਹਰਿ ਕਾ ਹਾਰੁ ਕੰਠੇ ਸਾਚ ਸਬਦੁ ਨੀਸਾਣਿਆ॥		Mai Naam Har Kaa Haar Kanthae Saach Sabadh Neesaaniaa ||	The Name of the Lord is my necklace, and I am anointed with the True Shabad.	ਹੇ ਸਹੇਲੀਏ! (ਜਿਵੇਂ) ਗਲ ਵਿਚ ਹਾਰ (ਪਾਈਦਾ ਹੈ, ਤਿਵੇਂ) ਪਰਮਾਤਮਾ ਦਾ ਨਾਮ ਮੈਂ (ਆਪਣੇ ਗਲੇ ਵਿਚ ਪ੍ਰੋ ਲਿਆ ਹੈ) ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ (ਮੇਰੀ ਜ਼ਿੰਦਗੀ ਦੀ ਅਗਵਾਈ ਕਰਨ ਵਾਲਾ) ਪਰਵਾਨਾ ਹੈ।
36010	844	ਕਰ ਜੋੜਿ ਨਾਨਕੁ ਸਾਚੁ ਮਾਗੈ ਨਦਰਿ ਕਰਿ ਤੁਧੁ ਭਾਣਿਆ॥੨॥		Kar Jorr Naanak Saach Maagai Nadhar Kar Thudhh Bhaaniaa ||2||	With his palms pressed together, Nanak begs for the gift of the True Name; please, bless me with Your Grace, through the pleasure of Your Will. ||2||	ਨਾਨਕ (ਦੋਵੇਂ) ਹੱਥ ਜੋੜ ਕੇ (ਪਰਮਾਤਮਾ ਦੇ ਦਰ ਤੋਂ ਉਸ ਦਾ) ਸਦਾ-ਥਿਰ ਰਹਿਣ ਵਾਲਾ ਨਾਮ ਮੰਗਦਾ ਰਹਿੰਦਾ ਹੈ (ਅਤੇ ਆਖਦਾ ਹੈ-ਹੇ ਪ੍ਰਭੂ!) ਜੇ ਤੈਨੂੰ ਚੰਗਾ ਲੱਗੇ (ਤਾਂ ਮੇਰੇ ਉੱਤੇ) ਮਿਹਰ ਦੀ ਨਿਗਾਹ ਕਰ (ਮੈਨੂੰ ਆਪਣਾ ਨਾਮ ਦੇਹ) ॥੨॥

36011	844	ਜਾਗੁ ਸਲੋਨੜੀਏ ਬੋਲੈ ਗੁਰਬਾਣੀ ਰਾਮ॥	ਪਤੀ ਰਾਮਜੀ ਬਿਨਾ, ਹੋਰ ਕਿਸੇ ਨੂੰ ਨ ਦੇਖਣ ਵਾਲੇ ਮਹਾਂ ਵਿਸਮਾਦ(ਸਲੋਨੜੀਏ)ਸੁੰਦਰ ਨੇਤ੍ਰਾਂ ਵਾਲੀ ਗੁਰਸੇਵਕ ਸਖੀ	Jaag Salonarreeeae Bolai Gurabaanee Raam ||	Awake, O bride of splendored eyes, and chant the Word of the Guru's Bani.	ਹੇ ਸੋਹਣੇ ਨੇਤ੍ਰਾਂ ਵਾਲੀ ਜੀਵ-ਇਸਤ੍ਰੀਏ! (ਮਾਇਆ ਦੇ ਹੱਲਿਆਂ ਵਲੋਂ) ਸਾਵਧਾਨ ਰਹੁ, (ਤੈਨੂੰ) ਗੁਰੂ ਦੀ ਬਾਣੀ ਜਗਾ ਰਹੀ ਹੈ।
36012	844	ਜਿਨਿ ਸੁਣਿ ਮੰਨਿਅੜੀ ਅਕਥ ਕਹਾਣੀ ਰਾਮ॥	ਅ-ਕਥ:ਪੋਲਾ ਬੋਲੋ	Jin Sun Manniarree Akathh Kehaanee Raam ||	Listen, and place your faith in the Unspoken Speech of the Lord.	ਜਿਸ (ਜੀਵ-ਇਸਤ੍ਰੀ) ਨੇ (ਗੁਰੂ ਦੀ ਬਾਣੀ) ਸੁਣ ਕੇ (ਉਸ ਵਿਚ) ਸਰਧਾ ਬਣਾਈ ਹੈ, ਉਹ ਅਕੱਥ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨ ਲੱਗ ਪੈਂਦੀ ਹੈ।
36013	844	ਅਕਥ ਕਹਾਣੀ ਪਦੁ ਨਿਰਬਾਣੀ ਕੋ ਵਿਰਲਾ ਗੁਰਮੁਖਿ ਬੂਝਏ॥	ਬੂੱਝਏ	Akathh Kehaanee Padh Nirabaanee Ko Viralaa Guramukh Boojheae ||	The Unspoken Speech, the state of Nirvaanaa - how rare is the Gurmukh who understands this.	ਅਕੱਥ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਰਕਤ ਨਾਲ ਉਹ ਉਸ ਆਤਮਕ ਦਰਜੇ ਤੇ ਪਹੁੰਚ ਜਾਂਦੀ ਹੈ ਜਿੱਥੇ ਕੋਈ ਵਾਸਨਾ ਪੋਹ ਨਹੀਂ ਸਕਦੀ। ਪਰ ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਵਿਰਲਾ ਮਨੁੱਖ ਇਹ ਗੱਲ ਸਮਝਦਾ ਹੈ।
36014	844	ਓਹੁ ਸਬਦਿ ਸਮਾਏ ਆਪੁ ਗਵਾਏ ਤ੍ਰਿਭਵਣ ਸੋਝੀ ਸੂਝਏ॥		Ouhu Sabadh Samaaeae Aap Gavaaeae Thribhavan Sojhee Soojheae ||	Merging in the Word of the Shabad, self-conceit is eradicated, and the three worlds are revealed to her understanding.	ਉਹ (ਗੁਰਮੁਖ) ਮਨੁੱਖ ਗੁਰੂ ਦੇ ਸਬਦ ਵਿਚ ਲੀਨ ਰਹਿੰਦਾ ਹੈ, (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ ਲੈਂਦਾ ਹੈ, ਜਗਤ ਵਿਚ ਵਿਆਪਕ ਪਰਮਾਤਮਾ ਨਾਲ ਉਸ ਦੀ ਡੂੰਘੀ ਸਾਂਝ ਹੋ ਜਾਂਦੀ ਹੈ।

36015	844	ਰਹੈ ਅਤੀਤੁ ਅਪਰੰਪਰਿ ਰਾਤਾ ਸਾਚੁ ਮਨਿ ਗੁਣ ਸਾਰਿਆ॥		Rehai Atheeth Aparanpar Raathaa Saach Man Gun Saariaa ||	Remaining detached, with infinity infusing, the true mind cherishes the virtues of the Lord.	ਉਹ ਮਨੁੱਖ ਮਾਇਆ ਦੇ ਮੋਹ ਤੋਂ ਬਚਿਆ ਰਹਿੰਦਾ ਹੈ, ਬੇਅੰਤ ਪ੍ਰਭੂ (ਦੇ ਪ੍ਰੇਮ) ਵਿਚ ਮਸਤ ਰਹਿੰਦਾ ਹੈ, ਸਦਾ-ਥਿਰ ਰਹਿਣ ਵਾਲਾ ਪਰਮਾਤਮਾ (ਹਰ ਵੇਲੇ ਉਸ ਦੇ) ਮਨ ਵਿਚ (ਵੱਸਿਆ ਰਹਿੰਦਾ ਹੈ), ਉਹ (ਪਰਮਾਤਮਾ ਦੇ) ਗੁਣਾਂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ।
36016	844	ਓਹੁ ਪੂਰਿ ਰਹਿਆ ਸਰਬ ਠਾਈ ਨਾਨਕਾ ਉਰਿ ਧਾਰਿਆ॥੩॥		Ouhu Poor Rehiaa Sarab Thaaee Naanakaa Our Dhhaariaa ||3||	He is fully pervading and permeating all places; Nanak has enshrined Him within his heart. ||3||	ਹੇ ਨਾਨਕ! ਉਹ ਮਨੁੱਖ ਉਸ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ ਜਿਹੜਾ ਸਭਨੀਂ ਥਾਈਂ ਵਿਆਪਕ ਹੋ ਰਿਹਾ ਹੈ ॥੩॥
36017	844	ਮਹਲਿ ਬੁਲਾਇੜੀਏ ਭਗਤਿ ਸਨੇਹੀ ਰਾਮ॥		Mehal Bulaaeirreeeae Bhagath Sanaehee Raam ||	The Lord is calling you to the Mansion of His Presence; O soul-bride, He is the Lover of His devotees.	ਹੇ ਪ੍ਰਭੂ-ਦਰ ਤੇ ਪਹੁੰਚੀ ਹੋਈ ਜੀਵ-ਇਸਤ੍ਰੀਏ! (ਜਿਸ ਪ੍ਰਭੂ ਨੇ ਤੈਨੂੰ ਆਪਣੇ ਚਰਨਾਂ ਵਿਚ ਜੋੜਿਆ ਹੈ, ਉਹ) ਭਗਤੀ ਨਾਲ ਪਿਆਰ ਕਰਨ ਵਾਲਾ ਹੈ।

36018	844	ਗੁਰਮਤਿ ਮਨਿ ਰਹਸੀ ਸੀਝਸਿ ਦੇਹੀ ਰਾਮ॥		Guramath Man Rehasee Seejhas Dhaehee Raam ||	Following the Guru's Teachings, your mind shall be delighted, and your body shall be fulfilled.	(ਜਿਹੜੀ ਜੀਵ-ਇਸਤ੍ਰੀ) ਗੁਰੂ ਦੀ ਮਤਿ ਉੱਤੇ ਤੁਰ ਕੇ (ਪ੍ਰਭੂ ਦੀ ਭਗਤੀ ਕਰਦੀ ਹੈ, ਉਸ ਦੇ) ਮਨ ਵਿਚ ਆਤਮਕ ਆਨੰਦ ਬਣਿਆ ਰਹਿੰਦਾ ਹੈ, (ਉਹ ਦਾ ਮਨੁੱਖਾ) ਸਰੀਰ ਸਫਲ ਹੋ ਜਾਂਦਾ ਹੈ।
36019	844	ਮਨੁ ਮਾਰਿ ਰੀਝੈ ਸਬਦਿ ਸੀਝੈ ਤ੍ਰੈ ਲੋਕ ਨਾਥੁ ਪਛਾਣਏ॥	ਪਛਾ-ਣਏ	Man Maar Reejhai Sabadh Seejhai Thrai Lok Naathh Pashhaaneae ||	Conquer and subdue your mind, and love the Word of the Shabad; reform yourself, and realize the Lord of the three worlds.	(ਜਿਹੜੀ ਜੀਵ-ਇਸਤ੍ਰੀ ਆਪਣੇ) ਮਨ ਨੂੰ ਵੱਸ ਵਿਚ ਕਰ ਕੇ ਆਤਮਕ ਆਨੰਦ ਹਾਸਲ ਕਰਦੀ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਹ (ਜੀਵਨ ਵਿਚ) ਕਾਮਯਾਬ ਹੁੰਦੀ ਹੈ ਸਾਰੇ ਜਗਤ ਦੇ ਮਾਲਕ ਪ੍ਰਭੂ ਨਾਲ ਉਹ ਸਾਂਝ ਪਾ ਲੈਂਦੀ ਹੈ।
36020	844	ਮਨੁ ਡੀਗਿ ਡੋਲਿ ਨ ਜਾਇ ਕਤ ਹੀ ਆਪਣਾ ਪਿਰੁ ਜਾਣਏ॥	ਜਾ-ਣਏ	Man Ddeeg Ddol N Jaae Kath Hee Aapanaa Pir Jaaneae ||	Her mind shall not waver or wander anywhere else, when she comes to know her Husband Lord.	(ਉਸ ਦਾ ਮਨ) ਕਿਸੇ ਭੀ ਹੋਰ ਪਾਸੇ ਵਲ ਡੋਲਦਾ ਨਹੀਂ, ਉਹ (ਹਰ ਵੇਲੇ) ਆਪਣੇ ਪ੍ਰਭੂ-ਪਤੀ ਨਾਲ ਡੂੰਘੀ ਸਾਂਝ ਪਾਈ ਰੱਖਦੀ ਹੈ।
36021	844	ਮੈ ਆਧਾਰੁ ਤੇਰਾ ਤੂ ਖਸਮੁ ਮੇਰਾ ਮੈ ਤਾਣੁ ਤਕੀਆ ਤੇਰਓ॥	(ਤਕੀਆ)ਆਸਰਾ। ਤਕੀਆ: ਪੋਲਾ ਬੋਲੋ। ਤੇਰ-ਓ, ਨਿਬੇਰ-ਓ	Mai Aadhhaar Thaeraa Thoo Khasam Maeraa Mai Thaan Thakeeaa Thaerou ||	You are my only Support, You are my Lord and Master. You are my strength and anchor.	ਹੇ ਪ੍ਰਭੂ! ਮੈਨੂੰ ਤੇਰਾ ਹੀ ਆਸਰਾ ਹੈ, ਤੂੰ (ਹੀ) ਮੇਰਾ ਖਸਮ ਹੈਂ, ਮੈਨੂੰ ਤੇਰਾ ਹੀ ਆਸਰਾ ਤੇਰਾ ਹੀ ਸਹਾਰਾ ਹੈ।

36022	844	ਸਾਚਿ ਸੂਚਾ ਸਦਾ ਨਾਨਕ ਗੁਰ ਸਬਦਿ ਝਗਰੁ ਨਿਬੇਰਓ॥੪॥੨॥		Saach Soochaa Sadhaa Naanak Gur Sabadh Jhagar Nibaerou ||4||2||	She is forever truthful and pure, O Nanak; through the Word of the Guru's Shabad, conflicts are resolved. ||4||2||	ਹੇ ਨਾਨਕ! ਜਿਹੜਾ ਮਨੁੱਖ ਸਦਾ-ਥਿਰ ਹਰਿ-ਨਾਮ ਵਿਚ (ਸਦਾ ਲੀਨ ਰਹਿੰਦਾ ਹੈ) ਉਹ ਪਵਿੱਤਰ ਜੀਵਨ ਵਾਲਾ ਹੋ ਜਾਂਦਾ ਹੈ। ਗੁਰੂ ਦੇ ਸ਼ਬਦ ਦੀ ਰਾਹੀਂ (ਉਹ ਮਨੁੱਖ ਆਪਣੇ ਅੰਦਰੋਂ ਮਾਇਆ ਦੇ ਮੋਹ ਦੀ) ਖਹ-ਖਹ ਮੁਕਾ ਲੈਂਦਾ ਹੈ ॥੪॥੨॥
36023	844	ਛੰਤ ਬਿਲਾਵਲੁ ਮਹਲਾ ੪ ਮੰਗਲ		Shhanth Bilaaval Mehalaa 4 Mangala	Chhant, Bilaaval, Fourth Mehl, Mangal ~ The Song Of Joy:	ਰਾਗ ਬਿਲਾਵਲੁ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਛੰਤ-ਮੰਗਲ'।
36024	844	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
36025	844	ਮੇਰਾ ਹਰਿ ਪ੍ਰਭੁ ਸੇਜੈ ਆਇਆ ਮਨੁ ਸੁਖਿ ਸਮਾਣਾ ਰਾਮ॥		Maeraa Har Prabh Saejai Aaeiaa Man Sukh Samaanaa Raam ||	My Lord God has come to my bed, and my mind is merged with the Lord.	ਹੇ ਸਹੇਲੀਏ! (ਜਿਸ ਭਾਗਾਂ ਵਾਲੀ ਜੀਵ-ਇਸਤ੍ਰੀ ਦੇ ਹਿਰਦੇ ਦੀ) ਸੇਜ ਉਤੇ ਪਿਆਰਾ ਹਰੀ-ਪ੍ਰਭੂ ਆ ਬੈਠਾ, ਉਸ ਦਾ ਮਨ ਆਤਮਕ ਆਨੰਦ ਵਿਚ ਮਗਨ ਹੋ ਜਾਂਦਾ ਹੈ।
36026	844	ਗੁਰਿ ਤੁਠੈ ਹਰਿ ਪ੍ਰਭੁ ਪਾਇਆ ਰੰਗਿ ਰਲੀਆ ਮਾਣਾ ਰਾਮ॥		Gur Thuthai Har Prabh Paaeiaa Rang Raleeaa Maanaa Raam ||	As it pleases the Guru, I have found the Lord God, and I revel and delight in His Love.	ਗੁਰੂ ਦੇ ਪ੍ਰਸੰਨ ਹੋਇਆਂ ਜਿਸ (ਜੀਵ-ਇਸਤ੍ਰੀ) ਨੂੰ ਹਰੀ-ਪ੍ਰਭੂ ਮਿਲ ਪਿਆ, ਉਹ ਪ੍ਰੇਮ ਵਿਚ (ਮਸਤ ਹੋ ਕੇ ਪ੍ਰਭੂ ਦੇ ਮਿਲਾਪ ਦਾ) ਸੁਆਦ ਮਾਣਦੀ ਹੈ।

36027	844	ਵਡਭਾਗੀਆ ਸੋਹਾਗਣੀ ਹਰਿ ਮਸਤਕਿ ਮਾਣਾ ਰਾਮ॥		Vaddabhaageeaa Sohaaganee Har Masathak Maanaa Raam ||	Very fortunate are those happy soul-brides, who have the jewel of the Naam upon their foreheads.	(ਹੇ ਸਹੇਲੀਏ!) ਜਿਨ੍ਹਾਂ ਦੇ ਮੱਥੇ ਉੱਤੇ ਹਰਿ (-ਮਿਲਾਪ ਦਾ) ਮੋਤੀ (ਚਮਕ ਪੈਂਦਾ) ਹੈ, ਉਹ ਵੱਡੇ ਭਾਗਾਂ ਵਾਲੀਆਂ ਹੋ ਜਾਂਦੀਆਂ ਹਨ, ਉਹ ਸੁਹਾਗਣਾਂ ਬਣ ਜਾਂਦੀਆਂ ਹਨ।
36028	844	ਹਰਿ ਪ੍ਰਭੁ ਹਰਿ ਸੋਹਾਗੁ ਹੈ ਨਾਨਕ ਮਨਿ ਭਾਣਾ ਰਾਮ॥੧॥		Har Prabh Har Sohaag Hai Naanak Man Bhaanaa Raam ||1||	The Lord,the Lord God,is Nanak's Husband Lord, pleasing to his mind. ||1||	ਹੇ ਨਾਨਕ! (ਆਖ-) ਹਰੀ-ਪ੍ਰਭੂ ਖਸਮ (ਉਹਨਾਂ ਦੇ ਸਿਰ ਉੱਤੇ) ਕਾਇਮ ਹੋ ਜਾਂਦਾ ਹੈ, ਉਹਨਾਂ ਨੂੰ ਪ੍ਰਭੂ-ਖਸਮ ਮਨ ਵਿਚ ਪਿਆਰਾ ਲੱਗ ਪੈਂਦਾ ਹੈ ॥੧॥
36029	844	ਨਿੰਮਾਣਿਆ ਹਰਿ ਮਾਣੁ ਹੈ ਹਰਿ ਪ੍ਰਭੁ ਹਰਿ ਆਪੈ ਰਾਮ॥		Ninmaaniaa Har Maan Hai Har Prabh Har Aapai Raam ||	The Lord is the honor of the dishonored. The Lord, the Lord God is Himself by Himself.	ਹੇ ਭਾਈ! ਜਿਨ੍ਹਾਂ ਨੂੰ ਕੋਈ ਆਦਰ ਨਹੀਂ ਦੇਂਦਾ, ਪਰਮਾਤਮਾ ਉਹਨਾਂ ਦਾ ਆਦਰ-ਸਹਾਰਾ ਬਣ ਜਾਂਦਾ ਹੈ। ਹਰਿ-ਪ੍ਰਭੂ ਉਸ ਦੇ ਆਪੇ ਵਿਚ (ਜਿੰਦ ਵਿਚ) ਸਦਾ ਟਿਕਿਆ ਰਹਿੰਦਾ ਹੈ।
36030	844	ਗੁਰਮੁਖਿ ਆਪੁ ਗਵਾਇਆ ਨਿਤ ਹਰਿ ਹਰਿ ਜਾਪੈ ਰਾਮ॥		Guramukh Aap Gavaaeiaa Nith Har Har Jaapai Raam ||	The Gurmukh eradicates self-conceit, and constantly chants the Name of the Lord.	(ਜਿਸ ਨੂੰ ਇਹ ਸਮਝ ਆ ਜਾਂਦੀ ਹੈ, ਉਹ) ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ ਲੈਂਦਾ ਹੈ, ਅਤੇ ਸਦਾ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ।

36031	844	ਮੇਰੇ ਹਰਿ ਪ੍ਰਭ ਭਾਵੈ ਸੋ ਕਰੈ ਹਰਿ ਰੰਗਿ ਹਰਿ ਰਾਪੈ ਰਾਮ॥		Maerae Har Prabh Bhaavai So Karai Har Rang Har Raapai Raam ||	My Lord God does whatever He pleases; the Lord imbues mortal beings with the color of His Love.	(ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ) ਸਦਾ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ (ਉਸ ਨੂੰ ਨਿਸਚਾ ਹੋ ਜਾਂਦਾ ਹੈ ਕਿ) ਮੇਰਾ ਪ੍ਰਭੂ ਉਹੀ ਕੁਝ ਕਰਦਾ ਹੈ ਜੋ ਉਸ ਨੂੰ ਚੰਗਾ ਲੱਗਦਾ ਹੈ।
36032	844	ਜਨੁ ਨਾਨਕੁ ਸਹਜਿ ਮਿਲਾਇਆ ਹਰਿ ਰਸਿ ਹਰਿ ਧ੍ਰਾਪੈ ਰਾਮ॥੨॥		Jan Naanak Sehaj Milaaeiaa Har Ras Har Dhhraapai Raam ||2||	Servant Nanak is easily merged into the Celestial Lord. He is satisfied with the sublime essence of the Lord. ||2||	ਦਾਸ ਨਾਨਕ (ਆਖਦਾ ਹੈ-ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ) ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ, ਪਰਮਾਤਮਾ ਦੇ ਨਾਮ-ਰਸ ਦੀ ਬਰਕਤਿ ਨਾਲ ਉਹ (ਮਾਇਆ ਵਲੋਂ) ਰੱਜਿਆ ਰਹਿੰਦਾ ਹੈ ॥੨॥
36033	844	ਮਾਣਸ ਜਨਮਿ ਹਰਿ ਪਾਈਐ ਹਰਿ ਰਾਵਣ ਵੇਰਾ ਰਾਮ॥		Maanas Janam Har Paaeeai Har Raavan Vaeraa Raam ||	The Lord is found only through this human incarnation. This is the time to contemplate the Lord.	ਹੇ ਭਾਈ! ਮਨੁੱਖਾ ਜਨਮ ਵਿਚ (ਹੀ) ਪਰਮਾਤਮਾ ਨੂੰ ਮਿਲ ਸਕੀਦਾ ਹੈ। (ਮਨੁੱਖਾ ਜਨਮ ਹੀ) ਪਰਮਾਤਮਾ ਦਾ ਮਿਲਾਪ ਮਾਣਨ ਦਾ ਸਮਾ ਹੈ।
36034	844	ਗੁਰਮੁਖਿ ਮਿਲੁ ਸੋਹਾਗਣੀ ਰੰਗੁ ਹੋਇ ਘਣੇਰਾ ਰਾਮ॥		Guramukh Mil Sohaaganee Rang Hoe Ghanaeraa Raam ||	As Gurmukhs, the happy soul-brides meet Him, and their love for Him is abundant.	ਹੇ ਚੰਗੇ ਭਾਗਾਂ ਵਾਲੀ ਜੀਵ-ਇਸਤ੍ਰੀਏ! ਗੁਰੂ ਦੀ ਰਾਹੀਂ ਪ੍ਰਭੂ ਨੂੰ ਮਿਲ। (ਗੁਰੂ ਦੀ ਸਰਨ ਪਿਆਂ ਮਿਲਾਪ ਦਾ ਪ੍ਰੇਮ-) ਰੰਗ ਬਹੁਤ ਚੜ੍ਹਦਾ ਹੈ।

36035	844	ਜਿਨ ਮਾਣਸ ਜਨਮਿ ਨ ਪਾਇਆ ਤਿਨ੍ ਭਾਗੁ ਮੰਦੇਰਾ ਰਾਮ॥		Jin Maanas Janam N Paaeiaa Thinh Bhaag Mandhaeraa Raam ||	Those who have not attained human incarnation, are cursed by evil destiny.	ਹੇ ਭਾਈ! ਜਿਨ੍ਹਾਂ ਨੇ ਮਨੁੱਖਾ ਜਨਮ ਵਿਚ ਪਰਮਾਤਮਾ ਦਾ ਮਿਲਾਪ ਹਾਸਲ ਨਾਹ ਕੀਤਾ, ਉਹਨਾਂ ਦੀ ਖੋਟੀ ਕਿਸਮਤ ਜਾਣੋ।
36036	844	ਹਰਿ ਹਰਿ ਹਰਿ ਹਰਿ ਰਾਖੁ ਪ੍ਰਭ ਨਾਨਕੁ ਜਨੁ ਤੇਰਾ ਰਾਮ॥੩॥		Har Har Har Har Raakh Prabh Naanak Jan Thaeraa Raam ||3||	O Lord, God, Har, Har, Har, Har, save Nanak; he is Your humble servant. ||3||	ਹੇ ਹਰੀ! ਹੇ ਪ੍ਰਭੂ! ਨਾਨਕ ਨੂੰ (ਆਪਣੇ ਚਰਨਾਂ ਵਿਚ) ਜੋੜੀ ਰੱਖ, ਨਾਨਕ ਤੇਰਾ ਦਾਸ ਹੈ ॥੩॥
36037	844	ਗੁਰਿ ਹਰਿ ਪ੍ਰਭੁ ਅਗਮੁ ਦ੍ਰਿੜਾਇਆ ਮਨੁ ਤਨੁ ਰੰਗਿ ਭੀਨਾ ਰਾਮ॥		Gur Har Prabh Agam Dhrirraaeiaa Man Than Rang Bheenaa Raam ||	The Guru has implanted within me the Name of the Inaccessible Lord God; my mind and body are drenched with the Lord's Love.	ਹੇ ਭਾਈ! (ਜਿਸ ਮਨੁੱਖ ਦੇ ਹਿਰਦੇ ਵਿਚ) ਗੁਰੂ ਨੇ ਅਪਹੁੰਚ ਹਰੀ ਪ੍ਰਭੂ (ਦਾ ਨਾਮ) ਪੱਕਾ ਕਰ ਦਿੱਤਾ, ਉਸ ਦਾ ਮਨ ਉਸ ਦਾ ਤਨ (ਪਰਮਾਤਮਾ ਦੇ ਪ੍ਰੇਮ-) ਰੰਗ ਵਿਚ ਭਿੱਜਾ ਰਹਿੰਦਾ ਹੈ।
36038	845	ਭਗਤਿ ਵਛਲੁ ਹਰਿ ਨਾਮੁ ਹੈ ਗੁਰਮੁਖਿ ਹਰਿ ਲੀਨਾ ਰਾਮ॥		Bhagath Vashhal Har Naam Hai Guramukh Har Leenaa Raam ||	The Name of the Lord is the Lover of His devotees; the Gurmukhs attain the Lord.	ਉਹ ਮਨੁੱਖ ਗੁਰੂ ਦੀ ਸਰਨ ਪੈ ਕੇ ਉਸ ਪਰਮਾਤਮਾ ਵਿਚ ਲੀਨ ਰਹਿੰਦਾ ਹੈ ਜਿਸ ਦਾ ਨਾਮ ਹੈ 'ਭਗਤੀ ਨੂੰ ਪਿਆਰ ਕਰਨ ਵਾਲਾ'।

36039	845	ਬਿਨੁ ਹਰਿ ਨਾਮ ਨ ਜੀਵਦੇ ਜਿਉ ਜਲ ਬਿਨੁ ਮੀਨਾ ਰਾਮ॥		Bin Har Naam N Jeevadhae Jio Jal Bin Meenaa Raam ||	Without the Name of the Lord, they cannot even live, like the fish without water.	ਹੇ ਭਾਈ! ਜਿਵੇਂ ਮੱਛੀ ਪਾਣੀ ਤੋਂ ਬਿਨਾ ਨਹੀਂ ਰਹਿ ਸਕਦੀ, ਤਿਵੇਂ (ਪਰਮਾਤਮਾ ਵਿਚ ਲੀਨ ਰਹਿਣ ਵਾਲੇ ਮਨੁੱਖ) ਪਰਮਾਤਮਾ (ਦੀ ਯਾਦ) ਤੋਂ ਬਿਨਾ ਨਹੀਂ ਜੀਊ ਸਕਦੇ।
36040	845	ਸਫਲ ਜਨਮੁ ਹਰਿ ਪਾਇਆ ਨਾਨਕ ਪ੍ਰਭਿ ਕੀਨਾ ਰਾਮ॥੪॥੧॥੩॥		Safal Janam Har Paaeiaa Naanak Prabh Keenaa Raam ||4||1||3||	Finding the Lord, my life has become fruitful; O Nanak, the Lord God has fulfilled me. ||4||1||3||	ਹੇ ਨਾਨਕ! (ਗੁਰੂ ਦੀ ਰਾਹੀਂ ਜਿਸ ਮਨੁੱਖ ਨੇ) ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ, ਪ੍ਰਭੂ ਨੇ ਉਸ ਦੀ ਜ਼ਿੰਦਗੀ ਕਾਮਯਾਬ ਬਣਾ ਦਿੱਤੀ ॥੪॥੧॥੩॥
36041	845	ਬਿਲਾਵਲੁ ਮਹਲਾ ੪ ਸਲੋਕੁ॥		Bilaaval Mehalaa 4 Salok ||	Bilaaval, Fourth Mehl, Shalok:	ਸਲੋਕ।
36042	845	ਹਰਿ ਪ੍ਰਭੁ ਸਜਣੁ ਲੋੜਿ ਲਹੁ ਮਨਿ ਵਸੈ ਵਡਭਾਗੁ॥		Har Prabh Sajan Lorr Lahu Man Vasai Vaddabhaag ||	Seek out the Lord God, your only true Friend. He shall dwell in your mind, by great good fortune.	ਹੇ ਭਾਈ! (ਅਸਲ) ਮਿੱਤਰ ਪਰਮਾਤਮਾ ਨੂੰ ਲੱਭ ਲਵੋ। (ਜਿਸ ਦੇ) ਮਨ ਵਿਚ ਉਹ ਆ ਵੱਸਦਾ ਹੈ, ਉਹ ਮਨੁੱਖ ਵੱਡੇ ਭਾਗਾਂ ਵਾਲਾ ਹੋ ਜਾਂਦਾ ਹੈ।
36043	845	ਗੁਰਿ ਪੂਰੈ ਵੇਖਾਲਿਆ ਨਾਨਕ ਹਰਿ ਲਿਵ ਲਾਗੁ॥੧॥		Gur Poorai Vaekhaaliaa Naanak Har Liv Laag ||1||	The True Guru shall reveal Him to you; O Nanak, lovingly focus yourself on the Lord. ||1||	ਹੇ ਨਾਨਕ! (ਜਿਸ ਮਨੁੱਖ ਨੂੰ) ਪੂਰੇ ਗੁਰੂ ਨੇ ਪਰਮਾਤਮਾ ਦਾ ਦਰਸਨ ਕਰਾ ਦਿੱਤਾ ਉਸ ਦੀ ਸੁਰਤ ਪਰਮਾਤਮਾ ਵਿਚ ਜੁੜ ਗਈ ॥੧॥
36044	845	ਛੰਤ॥		Shhanth ||	Chhant:	

36045	845	ਮੇਰਾ ਹਰਿ ਪ੍ਰਭੁ ਰਾਵਣਿ ਆਈਆ ਹਉਮੈ ਬਿਖੁ ਝਾਗੇ ਰਾਮ॥		Maeraa Har Prabh Raavan Aaeeaa Houmai Bikh Jhaagae Raam ||	The soul-bride has come to ravish and enjoy her Lord God, after eradicating the poison of egotism.	ਹੇ ਸਹੇਲੀਏ! (ਜਿਹੜੀ ਜੀਵ-ਇਸਤ੍ਰੀ) ਆਤਮਕ ਮੌਤ ਲਿਆਉਣ ਵਾਲੀ ਹਉਮੈ ਦੀ ਜ਼ਹਿਰ (ਨਾਲ ਭਰੇ ਹੋਏ ਸਮੁੰਦਰ) ਨੂੰ ਔਖਿਆਈ ਨਾਲ ਲੰਘ ਕੇ ਪ੍ਰਭੂ-ਪਤੀ ਨੂੰ ਮਿਲਣ ਵਾਸਤੇ (ਗੁਰੂ ਦੀ ਸਰਨ) ਆਉਂਦੀ ਹੈ,
36046	845	ਗੁਰਮਤਿ ਆਪੁ ਮਿਟਾਇਆ ਹਰਿ ਹਰਿ ਲਿਵ ਲਾਗੇ ਰਾਮ॥		Guramath Aap Mittaaeiaa Har Har Liv Laagae Raam ||	Following the Guru's Teachings,she has eliminated her self-conceit; she is lovingly attuned to her Lord,Har, Har.	ਉਹ ਗੁਰੂ ਦੀ ਮਤਿ ਉੱਤੇ ਤੁਰ ਕੇ (ਆਪਣੇ ਅੰਦਰੋਂ) ਆਪਾ-ਭਾਵ ਮਿਟਾਂਦੀ ਹੈ, (ਤੇ, ਫਿਰ) ਉਸ ਦੀ ਲਗਨ ਪਰਮਾਤਮਾ ਵਿਚ ਲੱਗ ਜਾਂਦੀ ਹੈ।
36047	845	ਅੰਤਰਿ ਕਮਲੁ ਪਰਗਾਸਿਆ ਗੁਰ ਗਿਆਨੀ ਜਾਗੇ ਰਾਮ॥		Anthar Kamal Paragaasiaa Gur Giaanee Jaagae Raam ||	Her heart-lotus deep within has blossomed forth, and through the Guru, spiritual wisdom has been awakened within her.	ਗੁਰੂ ਤੋਂ ਮਿਲੀ ਆਤਮਕ ਜੀਵਨ ਦੀ ਸੂਝ ਨਾਲ ਉਹ (ਵਿਕਾਰਾਂ ਦੇ ਹੱਲਿਆਂ ਵਲੋਂ ਸਦਾ) ਸੁਚੇਤ ਰਹਿੰਦੀ ਹੈ, ਉਸ ਦੇ ਅੰਦਰ ਹਿਰਦਾ-ਕੌਲ-ਫੁੱਲ ਖਿੜ ਪੈਂਦਾ ਹੈ।
36048	845	ਜਨ ਨਾਨਕ ਹਰਿ ਪ੍ਰਭੁ ਪਾਇਆ ਪੂਰੈ ਵਡਭਾਗੇ ਰਾਮ॥੧॥		Jan Naanak Har Prabh Paaeiaa Poorai Vaddabhaagae Raam ||1||	Servant Nanak has found the Lord God, by perfect, great good fortune. ||1||	ਹੇ ਦਾਸ ਨਾਨਕ! ਪੂਰੇ ਵੱਡੇ ਭਾਗਾਂ ਨਾਲ ਹੀ ਪ੍ਰਭੂ-ਪਰਮਾਤਮਾ ਮਿਲਦਾ ਹੈ ॥੧॥

36049	845	ਹਰਿ ਪ੍ਰਭੁ ਹਰਿ ਮਨਿ ਭਾਇਆ ਹਰਿ ਨਾਮਿ ਵਧਾਈ ਰਾਮ॥		Har Prabh Har Man Bhaaeiaa Har Naam Vadhhaaee Raam ||	The Lord,the Lord God,is pleasing to her mind; the Lord's Name resounds within her.	ਹੇ ਭਾਈ! (ਪੂਰੇ ਗੁਰੂ ਦੀ ਰਾਹੀਂ ਜਿਸ ਮਨੁੱਖ ਦੇ) ਮਨ ਵਿਚ ਹਰੀ-ਪ੍ਰਭੂ ਪਿਆਰਾ ਲੱਗਣ ਲੱਗ ਪੈਂਦਾ ਹੈ, ਹਰਿ-ਨਾਮ ਦੀ ਬਰਕਤਿ ਨਾਲ (ਉਸ ਦੇ ਅੰਦਰ) ਚੜ੍ਹਦੀ ਕਲਾ ਬਣੀ ਰਹਿੰਦੀ ਹੈ।
36050	845	ਗੁਰਿ ਪੂਰੈ ਪ੍ਰਭੁ ਪਾਇਆ ਹਰਿ ਹਰਿ ਲਿਵ ਲਾਈ ਰਾਮ॥		Gur Poorai Prabh Paaeiaa Har Har Liv Laaee Raam ||	Through the Perfect Guru, God is obtained; she is lovingly focused on the Lord, Har, Har.	ਪੂਰੇ ਗੁਰੂ ਦੀ ਰਾਹੀਂ ਜਿਸ ਨੂੰ ਪ੍ਰਭੂ ਮਿਲ ਪਿਆ, ਉਹ ਹਰ ਵੇਲੇ ਪਰਮਾਤਮਾ ਵਿਚ ਸੁਰਤ ਜੋੜੀ ਰੱਖਦਾ ਹੈ।
36051	845	ਅਗਿਆਨੁ ਅੰਧੇਰਾ ਕਟਿਆ ਜੋਤਿ ਪਰਗਟਿਆਈ ਰਾਮ॥	ਪਰਗ–ਟਿਆਈ	Agiaan Andhhaeraa Kattiaa Joth Paragattiaaee Raam ||	The darkness of ignorance is dispelled, and the Divine Light radiantly shines forth.	(ਉਸ ਦੇ ਅੰਦਰੋਂ) ਆਤਮਕ ਜੀਵਨ ਵਲੋਂ ਬੇ-ਸਮਝੀ (ਦਾ) ਹਨੇਰਾ ਕੱਟਿਆ ਜਾਂਦਾ ਹੈ, (ਉਸ ਦੇ ਅੰਦਰ) ਰੱਬੀ ਜੋਤਿ ਜਗ ਪੈਂਦੀ ਹੈ।
36052	845	ਜਨ ਨਾਨਕ ਨਾਮੁ ਅਧਾਰੁ ਹੈ ਹਰਿ ਨਾਮਿ ਸਮਾਈ ਰਾਮ॥੨॥		Jan Naanak Naam Adhhaar Hai Har Naam Samaaee Raam ||2||	The Naam,the Name of the Lord,is Nanak's only Support; he merges into the Lord's Name. ||2||	ਹੇ ਦਾਸ ਨਾਨਕ! (ਆਖ-) ਉਸ ਮਨੁੱਖ ਲਈ ਪਰਮਾਤਮਾ ਦਾ ਨਾਮ (ਜ਼ਿੰਦਗੀ ਦਾ) ਆਸਰਾ ਬਣ ਜਾਂਦਾ ਹੈ, ਪਰਮਾਤਮਾ ਦੇ ਨਾਮ ਵਿਚ ਉਸ ਦੀ ਲੀਨਤਾ ਬਣੀ ਰਹਿੰਦੀ ਹੈ ॥੨॥

36053	845	ਧਨ ਹਰਿ ਪ੍ਰਭਿ ਪਿਆਰੈ ਰਾਵੀਆ ਜਾਂ ਹਰਿ ਪ੍ਰਭ ਭਾਈ ਰਾਮ॥		Dhhan Har Prabh Piaarai Raaveeaa Jaan Har Prabh Bhaaee Raam ||	The soul-bride is ravished and enjoyed by her Beloved Lord God, when the Lord God is pleased with her.	ਹੇ ਭਾਈ! ਜਦੋਂ ਕੋਈ (ਜੀਵ-ਇਸਤ੍ਰੀ) ਪ੍ਰਭੂ ਨੂੰ ਚੰਗੀ ਲੱਗੀ, (ਤਦੋਂ) ਪਿਆਰੇ ਪ੍ਰਭੂ ਨੇ (ਉਸ) ਜੀਵ-ਇਸਤ੍ਰੀ ਨੂੰ ਆਪਣੇ ਨਾਲ ਮਿਲਾ ਲਿਆ।
36054	845	ਅਖੀ ਪ੍ਰੇਮ ਕਸਾਈਆ ਜਿਉ ਬਿਲਕ ਮਸਾਈ ਰਾਮ॥	(ਕਸਾਈਆ)ਪ੍ਰੇਮ ਦੀ ਖਿੱਚਆਈ ਹੈ। (ਬਿਲਕ)ਬਿੱਲੀ। (ਮਸਾਈ)ਚੂਹਾ। ਕਸਾਈਆ: ਬਿੰਦੀ ਨਹੀਂ ਲਾਉਣੀ	Akhee Praem Kasaaeeaa Jio Bilak Masaaee Raam ||	My eyes are drawn to His Love, like the cat to the mouse.	(ਉਸ ਜੀਵ-ਇਸਤ੍ਰੀ ਦੀਆਂ) ਅੱਖਾਂ ਨੇ ਪਿਆਰ ਦੀ ਖਿੱਚ ਖਾਧੀ, ਜਿਵੇਂ ਬਿੱਲੀ (ਦੀਆਂ ਅੱਖਾਂ) ਚੂਹੇ ਵਲ (ਖਾਂਦੀਆਂ ਹਨ)।
36055	845	ਗੁਰਿ ਪੂਰੈ ਹਰਿ ਮੇਲਿਆ ਹਰਿ ਰਸਿ ਆਘਾਈ ਰਾਮ॥		Gur Poorai Har Maeliaa Har Ras Aaghaaee Raam ||	The Perfect Guru has united me with the Lord; I am satisfied by the subtle essence of the Lord.	ਪੂਰੇ ਗੁਰੂ ਨੇ (ਜਿਸ ਜੀਵ-ਇਸਤ੍ਰੀ ਨੂੰ) ਪਰਮਾਤਮਾ ਨਾਲ ਮਿਲਾ ਦਿੱਤਾ, (ਉਹ ਜੀਵ-ਇਸਤ੍ਰੀ) ਹਰਿ-ਨਾਮ-ਰਸ ਦੇ ਸੁਆਦ ਦੀ ਬਰਕਤਿ ਨਾਲ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਗਈ।
36056	845	ਜਨ ਨਾਨਕ ਨਾਮਿ ਵਿਗਸਿਆ ਹਰਿ ਹਰਿ ਲਿਵ ਲਾਈ ਰਾਮ॥੩॥	ਵਿਗਸਿਆ:ਪੋਲਾ ਬੋਲੋ	Jan Naanak Naam Vigasiaa Har Har Liv Laaee Raam ||3||	Servant Nanak blossoms forth in the Naam, the Name of the Lord; he is lovingly attuned to the Lord, Har, Har. ||3||	ਹੇ ਦਾਸ ਨਾਨਕ! ਹਰਿ-ਨਾਮ ਦੇ ਕਾਰਨ ਉਸ ਦਾ ਹਿਰਦਾ-ਕੌਲ ਖਿੜ ਪੈਂਦਾ ਹੈ, ਉਹ ਸਦਾ ਪਰਮਾਤਮਾ ਵਿਚ ਸੁਰਤ ਜੋੜੀ ਰੱਖਦਾ ਹੈ ॥੩॥

36057	845	ਹਮ ਮੂਰਖ ਮੁਗਧ ਮਿਲਾਇਆ ਹਰਿ ਕਿਰਪਾ ਧਾਰੀ ਰਾਮ॥		Ham Moorakh Mugadhh Milaaeiaa Har Kirapaa Dhhaaree Raam ||	I am a fool and an idiot, but the Lord showered me with His Mercy, and united me with Himself.	ਹੇ ਭਾਈ! ਪਰਮਾਤਮਾ ਨੇ (ਮੇਰੇ ਉਤੇ) ਮਿਹਰ ਕੀਤੀ ਹੈ, ਤੇ ਮੈਨੂੰ ਮੂਰਖ ਨੂੰ ਅੰਞਾਣ ਨੂੰ (ਗੁਰੂ ਦੀ ਰਾਹੀਂ ਆਪਣੇ ਚਰਨਾਂ ਵਿਚ) ਜੋੜ ਲਿਆ।
36058	845	ਧਨੁ ਧੰਨੁ ਗੁਰੂ ਸਾਬਾਸਿ ਹੈ ਜਿਨਿ ਹਉਮੈ ਮਾਰੀ ਰਾਮ॥		Dhhan Dhhann Guroo Saabaas Hai Jin Houmai Maaree Raam ||	Blessed, blessed is the most wonderful Guru, who has conquered egotism.	(ਮੇਰਾ) ਗੁਰੂ ਸਲਾਹੁਣ-ਜੋਗ ਹੈ, ਗੁਰੂ ਨੂੰ ਸ਼ਾਬਾਸ਼ੇ, ਜਿਸ ਨੇ (ਮੇਰੇ ਅੰਦਰੋਂ) ਹਉਮੈ ਦੂਰ ਕਰ ਦਿੱਤੀ ਹੈ।
36059	845	ਜਿਨ ਵਡਭਾਗੀਆ ਵਡਭਾਗੁ ਹੈ ਹਰਿ ਹਰਿ ਉਰ ਧਾਰੀ ਰਾਮ॥	ਵੱਡਭਾਗੀਆਂ। ਵੱਡਭਾਗ	Jinh Vaddabhaageeaa Vaddabhaag Hai Har Har Our Dhhaaree Raam ||	Very fortunate, of blessed destiny are those, who enshrine the Lord, Har, Har, in their hearts.	ਹੇ ਭਾਈ! ਜਿਨ੍ਹਾਂ ਵੱਡੇ ਵਾਗਾਂ ਵਾਲੀਆਂ ਦੀ ਕਿਸਮਤ ਜਾਗਦੀ ਹੈ, ਉਹ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਂਦੀਆਂ ਹਨ।
36060	845	ਜਨ ਨਾਨਕ ਨਾਮੁ ਸਲਾਹਿ ਤੂ ਨਾਮੇ ਬਲਿਹਾਰੀ ਰਾਮ॥੪॥੨॥੪॥		Jan Naanak Naam Salaahi Thoo Naamae Balihaaree Raam ||4||2||4||	O servant Nanak, praise the Naam, and be a sacrifice to the Naam. ||4||2||4||	ਹੇ ਦਾਸ ਨਾਨਕ! (ਤੂੰ ਭੀ) ਪਰਮਾਤਮਾ ਦਾ ਨਾਮ ਸਲਾਹਿਆ ਕਰ, ਨਾਮ ਤੋਂ ਸਦਕੇ ਹੋਇਆ ਕਰ ॥੪॥੨॥੪॥
36061	845	ਬਿਲਾਵਲੁ ਮਹਲਾ ੫ ਛੰਤ		Bilaaval Mehalaa 5 Shhantha	Bilaaval, Fifth Mehl, Chhant:	ਰਾਗ ਬਿਲਾਵਲੁ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ' (ਛੰਦ)।

36062	845	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
36063	845	ਮੰਗਲ ਸਾਜੁ ਭਇਆ ਪ੍ਰਭੁ ਅਪਨਾ ਗਾਇਆ ਰਾਮ॥		Mangal Saaj Bhaeiaa Prabh Apanaa Gaaeiaa Raam ||	The time of rejoicing has come; I sing of my Lord God.	ਹੇ ਸਹੇਲੀਏ! ਪਿਆਰੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਵਿਆਂ (ਮਨ ਵਿਚ) ਖ਼ੁਸ਼ੀ ਦਾ ਰੰਗ-ਢੰਗ ਬਣ ਜਾਂਦਾ ਹੈ।
36064	845	ਅਬਿਨਾਸੀ ਵਰੁ ਸੁਣਿਆ ਮਨਿ ਉਪਜਿਆ ਚਾਇਆ ਰਾਮ॥		Abinaasee Var Suniaa Man Oupajiaa Chaaeiaa Raam ||	I have heard of my Imperishable Husband Lord, and happiness fills my mind.	ਉਸ ਕਦੇ ਨਾਹ ਮਰਨ ਵਾਲੇ ਖਸਮ-ਪ੍ਰਭੂ (ਦਾ ਨਾਮ) ਸੁਣਿਆਂ ਮਨ ਵਿਚ ਚਾਉ ਪੈਦਾ ਹੋ ਜਾਂਦਾ ਹੈ।
36065	845	ਮਨਿ ਪ੍ਰੀਤਿ ਲਾਗੈ ਵਡੈਭਾਗੈ ਕਬ ਮਿਲੀਐ ਪੂਰਨ ਪਤੇ॥	ਪਤੇ:ਪੋਲਾ ਬੋਲੋ।ਭੱਾਗੈ	Man Preeth Laagai Vaddai Bhaagai Kab Mileeai Pooran Pathae ||	My mind is in love with Him; when shall I realize my great good fortune, and meet with my Perfect Husband?	(ਜਦੋਂ) ਵੱਡੀ ਕਿਸਮਤ ਨਾਲ (ਕਿਸੇ ਜੀਵ-ਇਸਤ੍ਰੀ ਦੇ) ਮਨ ਵਿਚ ਪਰਮਾਤਮਾ-ਪਤੀ ਦਾ ਪਿਆਰ ਪੈਦਾ ਹੁੰਦਾ ਹੈ, (ਤਦੋਂ ਉਹ ਉਤਾਵਲੀ ਹੋ ਹੋ ਪੈਂਦੀ ਹੈ ਕਿ ਉਸ) ਸਾਰੇ ਗੁਣਾਂ ਦੇ ਮਾਲਕ ਪ੍ਰਭੂ-ਪਤੀ ਨੂੰ ਕਦੋਂ ਮਿਲਿਆ ਜਾ ਸਕੇਗਾ।

36066	845	ਸਹਜੇ ਸਮਾਈਐ ਗੋਵਿੰਦੁ ਪਾਈਐ ਦੇਹੁ ਸਖੀਏ ਮੋਹਿ ਮਤੇ॥	ਮੱਤੇ	Sehajae Samaaeeai Govindh Paaeeai Dhaehu Sakheeeae Mohi Mathae ||	If only I could meet the Lord of the Universe, and be automatically absorbed into Him; tell me how, O my companions!	(ਉਸ ਨੂੰ ਅੱਗੋਂ ਇਹ ਉੱਤਰ ਮਿਲਦਾ ਹੈ-ਜੇ) ਆਤਮਕ ਅਡੋਲਤਾ ਵਿਚ ਲੀਨ ਰਹੀਏ ਤਾਂ ਪਰਮਾਤਮਾ-ਪਤੀ ਮਿਲ ਪੈਂਦਾ ਹੈ।
36067	845	ਦਿਨੁ ਰੈਣਿ ਠਾਢੀ ਕਰਉ ਸੇਵਾ ਪ੍ਰਭੁ ਕਵਨ ਜੁਗਤੀ ਪਾਇਆ॥		Dhin Rain Thaadtee Karo Saevaa Prabh Kavan Jugathee Paaeiaa ||	Day and night, I stand and serve my God; how can I attain Him?	(ਉਹ ਭਾਗਾਂ ਵਾਲੀ ਜੀਵ-ਇਸਤ੍ਰੀ ਮੁੜ ਮੁੜ ਪੁੱਛਦੀ ਹੈ-) ਹੇ ਸਹੇਲੀਏ! ਮੈਨੂੰ ਮਤਿ ਦੇਹਿ, ਕਿ ਕਿਸ ਤਰੀਕੇ ਨਾਲ ਪ੍ਰਭੂ-ਪਤੀ ਮਿਲ ਸਕਦਾ ਹੈ (ਹੇ ਸਹੇਲੀਏ! ਦੱਸ) ਮੈਂ ਦਿਨ ਰਾਤ ਖਲੋਤੀ ਤੇਰੀ ਸੇਵਾ ਕਰਾਂਗੀ।
36068	845	ਬਿਨਵੰਤਿ ਨਾਨਕ ਕਰਹੁ ਕਿਰਪਾ ਲੈਹੁ ਮੋਹਿ ਲੜਿ ਲਾਇਆ॥੧॥		Binavanth Naanak Karahu Kirapaa Laihu Mohi Larr Laaeiaa ||1||	Prays Nanak, have mercy on me, and attach me to the hem of Your robe, O Lord. ||1||	ਨਾਨਕ (ਭੀ) ਬੇਨਤੀ ਕਰਦਾ ਹੈ-(ਹੇ ਪ੍ਰਭੂ! ਮੇਰੇ ਉੱਤੇ) ਮਿਹਰ ਕਰ, (ਮੈਨੂੰ ਆਪਣੇ) ਲੜ ਨਾਲ ਲਾਈ ਰੱਖ ॥੧॥
36069	845	ਭਇਆ ਸਮਾਹੜਾ ਹਰਿ ਰਤਨੁ ਵਿਸਾਹਾ ਰਾਮ॥	(ਸਮਾਹੜਾ)ਅਨੰਦ	Bhaeiaa Samaaharraa Har Rathan Visaahaa Raam ||	Joy has come! I have purchased the jewel of the Lord.	ਹੇ ਭਾਈ! (ਪਰਮਾਤਮਾ ਦਾ ਨਾਮ ਕੀਮਤੀ ਰਤਨ ਹੈ, ਜਿਹੜਾ ਮਨੁੱਖ ਇਹ) ਹਰਿ-ਨਾਮ ਵਿਹਾਝਦਾ ਹੈ, (ਉਸ ਦੇ ਅੰਦਰ) ਧੀਰਜ ਪੈਦਾ ਹੋ ਜਾਂਦੀ ਹੈ।

36070	845	ਖੋਜੀ ਖੋਜਿ ਲਧਾ ਹਰਿ ਸੰਤਨ ਪਾਹਾ ਰਾਮ॥	ਲੱਧਾ	Khojee Khoj Ladhhaa Har Santhan Paahaa Raam ||	Searching, the seeker has found the Lord with the Saints.	ਪਰ ਇਹ ਨਾਮ-ਰਤਨ (ਕੋਈ ਵਿਰਲਾ) ਖੋਜ ਕਰਨ ਵਾਲਾ ਮਨੁੱਖ ਭਾਲ ਕਰ ਕੇ ਸੰਤ ਜਨਾਂ ਪਾਸੋਂ ਹੀ ਹਾਸਲ ਕਰਦਾ ਹੈ।
36071	845	ਮਿਲੇ ਸੰਤ ਪਿਆਰੇ ਦਇਆ ਧਾਰੇ ਕਥਹਿ ਅਕਥ ਬੀਚਾਰੋ॥	ਅ-ਕਥ:ਪੋਲਾ ਬੋਲੋ	Milae Santh Piaarae Dhaeiaa Dhhaarae Kathhehi Akathh Beechaaro ||	I have met the Beloved Saints, and they have blessed me with their kindness; I contemplate the Unspoken Speech of the Lord.	ਜਿਸ ਵਡ-ਭਾਗੀ ਮਨੁੱਖ ਨੂੰ ਪਿਆਰੇ ਸੰਤ ਜਨ ਮਿਲ ਪੈਂਦੇ ਹਨ, (ਉਹੀ) ਮਿਹਰ ਕਰ ਕੇ (ਉਸ ਨੂੰ) ਅਕੱਥ ਪ੍ਰਭੂ ਦੀਆਂ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਾਂਦੇ ਹਨ।
36072	845	ਇਕ ਚਿਤਿ ਇਕ ਮਨਿ ਧਿਆਇ ਸੁਆਮੀ ਲਾਇ ਪ੍ਰੀਤਿ ਪਿਆਰੋ॥		Eik Chith Eik Man Dhhiaae Suaamee Laae Preeth Piaaro ||	With my consciousness centered, and my mind one-pointed, I meditate on my Lord and Master, with love and affection.	ਹੇ ਭਾਈ! (ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ) ਸੁਰਤ ਜੋੜ ਕੇ, ਮਨ ਲਾ ਕੇ ਪ੍ਰਭੂ-ਚਰਨਾਂ ਨਾਲ ਪਿਆਰ ਪਾ ਕੇ (ਪਰਮਾਤਮਾ ਦਾ) ਨਾਮ ਸਿਮਰਿਆ ਕਰ।
36073	845	ਕਰ ਜੋੜਿ ਪ੍ਰਭ ਪਹਿ ਕਰਿ ਬਿਨੰਤੀ ਮਿਲੈ ਹਰਿ ਜਸੁ ਲਾਹਾ॥		Kar Jorr Prabh Pehi Kar Binanthee Milai Har Jas Laahaa ||	With my palms pressed together, I pray unto God, to bless me with the profit of the Lord's Praise.	ਪ੍ਰਭੂ ਦੇ ਦਰ ਤੇ (ਦੋਵੇਂ) ਹੱਥ ਜੋੜ ਕੇ ਅਰਦਾਸ ਕਰਿਆ ਕਰ। (ਜਿਹੜਾ ਮਨੁੱਖ ਨਿੱਤ ਅਰਦਾਸ ਕਰਦਾ ਰਹਿੰਦਾ ਹੈ, ਉਸ ਨੂੰ ਮਨੁੱਖਾ ਜੀਵਨ ਦੀ) ਖੱਟੀ (ਵਜੋਂ) ਪਰਮਾਤਮਾ ਦੀ ਸਿਫ਼ਤਿ-ਸਾਲਾਹ (ਦੀ ਦਾਤਿ) ਮਿਲਦੀ ਹੈ।

36074	845	ਬਿਨਵੰਤਿ ਨਾਨਕ ਦਾਸੁ ਤੇਰਾ ਮੇਰਾ ਪ੍ਰਭੁ ਅਗਮ ਅਥਾਹਾ॥੨॥		Binavanth Naanak Dhaas Thaeraa Maeraa Prabh Agam Athhaahaa ||2||	Prays Nanak, I am Your slave. My God is inaccessible and unfathomable. ||2||	ਹੇ ਅਪਹੁੰਚ ਤੇ ਅਥਾਹ ਪ੍ਰਭੂ! ਨਾਨਕ (ਤੇਰੇ ਦਰ ਤੇ) ਬੇਨਤੀ ਕਰਦਾ ਹੈ-ਮੈਂ ਤੇਰਾ ਦਾਸ ਹਾਂ, ਤੂੰ ਮੇਰਾ ਮਾਲਕ ਹੈਂ (ਮੈਨੂੰ ਆਪਣੀ ਸਿਫ਼ਤਿ-ਸਾਲਾਹ ਦੀ ਦਾਤ ਬਖ਼ਸ਼) ॥੨॥
36075	846	ਸਾਹਾ ਅਟਲੁ ਗਣਿਆ ਪੂਰਨ ਸੰਜੋਗੋ ਰਾਮ॥	ਅ-ਟਲੁ	Saahaa Attal Ganiaa Pooran Sanjogo Raam ||	The date for my wedding is set, and cannot be changed; my union with the Lord is perfect.	(ਕੁੜੀ ਮੁੰਡੇ ਦੇ ਵਿਆਹ ਦਾ ਮੁਹੂਰਤ ਮਿਥਿਆ ਜਾਂਦਾ ਹੈ। ਲਾੜੇ ਦੇ ਨਾਲ ਜਾਂਵੀ ਆਉਂਦੇ ਹਨ, ਲੜਕੀ ਵਾਲਿਆਂ ਦੇ ਘਰ ਢੁਕਦੇ ਹਨ, ਲੜਕੀ ਦੇ ਸਨ-ਬੰਧੀਆਂ ਦੇ ਮਨ ਵਿਚ ਉਸ ਵੇਲੇ ਖ਼ੁਸ਼ੀ ਹੁੰਦੀ ਹੈ। ਜਾਂਵੀਆਂ ਨੂੰ ਉਹ ਕਈ ਸੁਆਦਲੇ ਭੋਜਨ ਖੁਆਂਦੇ ਹਨ। ਪਾਂਧਾ ਲਾਵਾਂ ਪੜ੍ਹ ਕੇ ਲੜਕੇ ਲੜਕੀ ਦਾ ਮੇਲ ਕਰ ਦੇਂਦਾ ਹੈ)। (ਇਸੇ ਤਰ੍ਹਾਂ ਸਾਧ ਸੰਗਤਿ ਦੀ ਬਰਕਤ ਨਾਲ ਜੀਵ-ਇਸਤ੍ਰੀ ਅਤੇ ਪ੍ਰਭੂ-ਪਤੀ ਦੇ ਮਿਲਾਪ ਦਾ) ਕਦੇ ਨਾਹ ਖੁੰਝਣ ਵਾਲਾ ਮੁਹੂਰਤ ਸੋਧਿਆ ਜਾਂਦਾ ਹੈ।

36076	846	ਸੁਖਹ ਸਮੂਹ ਭਇਆ ਗਇਆ ਵਿਜੋਗੋ ਰਾਮ॥	ਗ-ਇਆ	Sukheh Samooh Bhaeiaa Gaeiaa Vijogo Raam ||	I am totally at peace, and my separation from Him has ended.	(ਸਾਧ ਸੰਗਤਿ ਦੀ ਕਿਰਪਾ ਨਾਲ ਜੀਵ-ਇਸਤ੍ਰੀ ਦਾ) ਪੂਰਨ ਪਰਮਾਤਮਾ ਨਾਲ ਮਿਲਾਪ (ਵਿਆਹ) ਹੋ ਜਾਂਦਾ ਹੈ, (ਜੀਵ-ਇਸਤ੍ਰੀ ਦੇ ਹਿਰਦੇ ਵਿਚ) ਸਾਰੇ ਸੁਖ ਆ ਵੱਸਦੇ ਹਨ (ਪ੍ਰਭੂ-ਪਤੀ ਨਾਲੋਂ ਉਸਦਾ) ਵਿਛੋੜਾ ਮੁੱਕ ਜਾਂਦਾ ਹੈ।
36077	846	ਮਿਲਿ ਸੰਤ ਆਏ ਪ੍ਰਭ ਧਿਆਏ ਬਣੇ ਅਚਰਜ ਜਾਵੀਆਂ॥	ਅਚਰਜ	Mil Santh Aaeae Prabh Dhhiaaeae Banae Acharaj Jaanjeeaaan ||	The Saints meet and come together, and meditate on God; they form a wondrous wedding party.	ਸੰਤ ਜਨ ਮਿਲ ਕੇ (ਸਾਧ ਸੰਗਤਿ ਵਿਚ) ਆਉਂਦੇ ਹਨ, ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ (ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਨਾਲ ਮਿਲਾਣ ਵਾਸਤੇ ਇਹ ਸਤਸੰਗੀ) ਅਸਚਰਜ ਜਾਂਵੀ ਬਣ ਜਾਂਦੇ ਹਨ।
36078	846	ਮਿਲਿ ਇਕਤ੍ਰ ਹੋਏ ਸਹਜਿ ਢੋਏ ਮਨਿ ਪ੍ਰੀਤਿ ਉਪਜੀ ਮਾਵੀਆ॥	ਇ-ਕੱਤ੍ਰ । ਮਾਵੀਆਂ	Mil Eikathr Hoeae Sehaj Dtoeae Man Preeth Oupajee Maanjeeaa ||	Gathering together, they arrive with poise and grace, and love fills the minds of the bride's family.	(ਸੰਤ ਜਨ) ਮਿਲ ਕੇ (ਸਾਧ ਸੰਗਤਿ ਵਿਚ) ਇਕੱਠੇ ਹੁੰਦੇ ਹਨ, ਆਤਮਕ ਅਡੋਲਤਾ ਵਿਚ (ਟਿਕਦੇ ਹਨ, ਮਾਨੋ, ਲੜਕੀ ਵਾਲਿਆਂ ਦੇ ਘਰ) ਢੁਕਾਉ ਹੋ ਰਿਹਾ ਹੈ, (ਜਿਵੇਂ,) ਲੜਕੀ ਦੇ ਸਨਬੰਧੀਆਂ ਦੇ ਮਨ ਵਿਚ ਚਾਉ ਪੈਦਾ ਹੁੰਦਾ ਹੈ (ਤਿਵੇਂ, ਜਿੰਦ ਦੇ ਸਾਥੀਆਂ ਦੇ ਮਨ ਵਿਚ, ਸਾਰੇ ਗਿਆਨ-ਇੰਦ੍ਰਿਆਂ ਦੇ ਅੰਦਰ ਉਤਸ਼ਾਹ ਪੈਦਾ ਹੁੰਦਾ ਹੈ)।

36079	846	ਮਿਲਿ ਜੋਤਿ ਜੋਤੀ ਓਤਿ ਪੋਤੀ ਹਰਿ ਨਾਮੁ ਸਭਿ ਰਸ ਭੋਗੋ॥		Mil Joth Jothee Outh Pothee Har Naam Sabh Ras Bhogo ||	Her light blends with His Light, through and through, and everyone enjoys the Nectar of the Lord's Name.	(ਸਾਧ ਸੰਗਤਿ ਦੇ ਪਰਤਾਪ ਨਾਲ ਜੀਵ-ਇਸਤ੍ਰੀ ਦੀ) ਜਿੰਦ ਪ੍ਰਭੂ ਦੀ ਜੋਤਿ ਵਿਚ ਮਿਲ ਕੇ ਤਾਣੇ-ਪੇਟੇ ਵਾਂਗ ਇਕ-ਮਿਕ ਹੋ ਜਾਂਦੀ ਹੈ (ਜਿਵੇਂ ਜਾਂਵੀਆਂ ਮਾਂਵੀਆਂ ਨੂੰ) ਸਾਰੇ ਸੁਆਦਲੇ ਭੋਜਨ ਛਕਾਏ ਜਾਂਦੇ ਹਨ, (ਤਿਵੇਂ ਜੀਵ-ਇਸਤ੍ਰੀ ਨੂੰ) ਪਰਮਾਤਮਾ ਦਾ ਨਾਮ-ਭੋਜਨ ਪ੍ਰਾਪਤ ਹੁੰਦਾ ਹੈ।
36080	846	ਬਿਨਵੰਤਿ ਨਾਨਕ ਸਭ ਸੰਤਿ ਮੇਲੀ ਪ੍ਰਭੁ ਕਰਣ ਕਾਰਣ ਜੋਗੋ॥੩॥		Binavanth Naanak Sabh Santh Maelee Prabh Karan Kaaran Jogo ||3||	Prays Nanak, the Saints have totally united me with God, the All-powerful Cause of causes. ||3||	ਨਾਨਕ ਬੇਨਤੀ ਕਰਦਾ ਹੈ- (ਇਹ ਸਾਰੀ ਗੁਰੂ ਦੀ ਹੀ ਮਿਹਰ ਹੈ) ਗੁਰੂ-ਸੰਤ ਨੇ (ਸਰਨ ਪਈ) ਸਾਰੀ ਲੁਕਾਈ ਨੂੰ ਸਾਰੇ ਜਗਤ ਦਾ ਮੂਲ ਸਭਨਾਂ ਤਾਕਤਾਂ ਦਾ ਮਾਲਕ ਪਰਮਾਤਮਾ ਮਿਲਾਇਆ ਹੈ ॥੩॥
36081	846	ਭਵਨੁ ਸੁਹਾਵੜਾ ਧਰਤਿ ਸਭਾਗੀ ਰਾਮ॥		Bhavan Suhaavarraa Dhharath Sabhaagee Raam ||	Beautiful is my home, and beauteous is the earth.	ਉਸ ਦਾ (ਜੀਵ-ਇਸਤ੍ਰੀਦਾ ਸਰੀਰ-) ਭਵਨ ਸੋਹਣਾ ਹੋ ਜਾਂਦਾ ਹੈ, ਉਸ ਦੀ (ਹਿਰਦਾ-) ਧਰਤੀ ਭਾਗਾਂ ਵਾਲੀ ਬਣ ਜਾਂਦੀ ਹੈ,
36082	846	ਪ੍ਰਭੁ ਘਰਿ ਆਇਅੜਾ ਗੁਰ ਚਰਣੀ ਲਾਗੀ ਰਾਮ॥		Prabh Ghar Aaeiarraa Gur Charanee Laagee Raam ||	God has entered the home of my heart; I touch the Guru's feet.	(ਜਿਹੜੀ ਜੀਵ-ਇਸਤ੍ਰੀ) ਗੁਰੂ ਦੀ ਚਰਨੀਂ ਲੱਗਦੀ ਹੈ, ਉਸ ਦੇ (ਹਿਰਦੇ-) ਘਰ ਵਿਚ ਪ੍ਰਭੂ-ਪਤੀ ਆ ਬੈਠਦਾ ਹੈ।

36083	846	ਗੁਰ ਚਰਣ ਲਾਗੀ ਸਹਜਿ ਜਾਗੀ ਸਗਲ ਇਛਾ ਪੁੰਨੀਆ॥		Gur Charan Laagee Sehaj Jaagee Sagal Eishhaa Punneeaa ||	Grasping the Guru's feet, I awake in peace and poise. All my desires are fulfilled.	(ਜਿਹੜੀ ਜੀਵ-ਇਸਤ੍ਰੀ) ਗੁਰੂ ਦੀ ਚਰਨੀਂ ਲੱਗਦੀ ਹੈ, ਉਹ ਆਤਮਕ ਅਡੋਲਤਾ ਵਿਚ (ਟਿਕ ਕੇ ਵਿਕਾਰਾਂ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੀ ਹੈ, ਉਸ ਦੀਆਂ ਸਾਰੀਆਂ ਇੱਛਾਂ ਪੂਰੀਆਂ ਹੋ ਜਾਂਦੀਆਂ ਹਨ।
36084	846	ਮੇਰੀ ਆਸ ਪੂਰੀ ਸੰਤ ਧੂਰੀ ਹਰਿ ਮਿਲੇ ਕੰਤ ਵਿਛੁੰਨਿਆ॥		Maeree Aas Pooree Santh Dhhooree Har Milae Kanth Vishhunniaa ||	My hopes are fulfilled, through the dust of the feet of the Saints. After such a long separation, I have met my Husband Lord.	ਸਾਧ ਸੰਗਤਿ ਦੀ ਚਰਨ-ਧੂੜ ਦੇ ਪਰਤਾਪ ਨਾਲ (ਉਸ ਦੇ ਅੰਦਰੋਂ) ਮਮਤਾ ਵਧਾਣ ਵਾਲੀ ਆਸ ਖ਼ਤਮ ਹੋ ਜਾਂਦੀ ਹੈ, ਉਸ ਨੂੰ ਚਿਰਾਂ ਦੇ ਵਿਛੁੜੇ ਹੋਏ ਪ੍ਰਭੂ-ਕੰਤ ਜੀ ਮਿਲ ਪੈਂਦੇ ਹਨ।
36085	846	ਆਨੰਦ ਅਨ ਦਿਨੁ ਵਜਹਿ ਵਾਜੇ ਅਹੰ ਮਤਿ ਮਨ ਕੀ ਤਿਆਗੀ॥	ਵੱਜ-ਹਿ	Aanandh Anadhin Vajehi Vaajae Ahan Math Man Kee Thiaagee ||	Night and day, the sounds of ecstasy resound and resonate; I have forsaken my stubborn-minded intellect.	(ਗੁਰੂ ਦੀ ਚਰਨੀਂ ਲੱਗੀ ਹੋਈ ਜੀਵ-ਇਸਤ੍ਰੀ ਦੇ ਅੰਦਰ) ਹਰ ਵੇਲੇ ਆਤਮਕ ਆਨੰਦ ਦੇ ਵਾਜੇ ਵੱਜਦੇ ਰਹਿੰਦੇ ਹਨ (ਜਿਸ ਦਾ ਸਦਕਾ ਉਹ ਆਪਣੇ) ਮਨ ਦੀ ਹਉਮੈ ਵਾਲੀ ਮਤਿ ਤਿਆਗ ਦੇਂਦੀ ਹੈ।
36086	846	ਬਿਨਵੰਤਿ ਨਾਨਕ ਸਰਣਿ ਸੁਆਮੀ ਸੰਤਸੰਗਿ ਲਿਵ ਲਾਗੀ॥੪॥੧॥		Binavanth Naanak Saran Suaamee Santhasang Liv Laagee ||4||1||	Prays Nanak, I seek the Sanctuary of my Lord and Master; in the Society of the Saints, I am lovingly attuned to Him. ||4||1||	ਨਾਨਕ ਬੇਨਤੀ ਕਰਦਾ ਹੈ- ਸਾਧ ਸੰਗਤਿ ਵਿਚ ਰਹਿ ਕੇ ਉਸ ਦੀ ਸੁਰਤ ਮਾਲਕ-ਪ੍ਰਭੂ ਵਿਚ ਲੱਗੀ ਰਹਿੰਦੀ ਹੈ, ਉਹ ਜੀਵ-ਇਸਤ੍ਰੀ ਮਾਲਕ-ਪ੍ਰਭੂ ਦੀ ਸਰਨ ਪਈ ਰਹਿੰਦੀ ਹੈ ॥੪॥੧॥

36087	846	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
36088	846	ਭਾਗ ਸੁਲਖਣਾ ਹਰਿ ਕੰਤੁ ਹਮਾਰਾ ਰਾਮ॥	ਸੁ-ਲੱਖਣਾ	Bhaag Sulakhanaa Har Kanth Hamaaraa Raam ||	By blessed destiny, I have found my Husband Lord.	ਹੇ ਸਹੇਲੀਏ! ਸਾਡਾ ਕੰਤ-ਪ੍ਰਭੂ ਸੋਹਣੇ ਲੱਛਣਾਂ ਵਾਲੇ ਭਾਗਾਂ ਵਾਲਾ ਹੈ,
36089	846	ਅਨਹਦ ਬਾਜਿਤ੍ਰਾ ਤਿਸੁ ਧੁਨਿ ਦਰਬਾਰਾ ਰਾਮ॥	ਬਾ-ਜਿੱਤ੍ਰਾ	Anehadh Baajithraa This Dhhun Dharabaaraa Raam ||	The unstruck sound current vibrates and resounds in the Court of the Lord.	ਉਸ (ਕੰਤ) ਦੇ ਦਰਬਾਰ ਵਿਚ ਇਕ-ਰਸ (ਵੱਸ ਰਹੇ) ਵਾਜਿਆਂ ਦੀ ਧੁਨ ਉਠ ਰਹੀ ਹੈ।
36090	846	ਆਨੰਦ ਅਨ ਦਿਨੁ ਵਜਹਿ ਵਾਜੇ ਦਿਨਸੁ ਰੈਣਿ ਉਮਾਹਾ॥	ਵੱਜ-ਹਿ	Aanandh Anadhin Vajehi Vaajae Dhinas Rain Oumaahaa ||	Night and day, the sounds of ecstasy resound and resonate; day and night, I am enraptured.	ਹੇ ਸਹੇਲੀਏ! (ਉਸ ਕੰਤ ਦੇ ਦਰਬਾਰ ਵਿਚ ਸਦਾ) ਆਨੰਦ ਦੇ ਵਾਜੇ ਵੱਜਦੇ ਰਹਿੰਦੇ ਹਨ, ਦਿਨ ਰਾਤ (ਉਥੇ) ਚਾਉ (ਬਣਿਆ ਰਹਿੰਦਾ ਹੈ)।
36091	846	ਤਹ ਰੋਗ ਸੋਗ ਨ ਦੂਖੁ ਬਿਆਪੈ ਜਨਮ ਮਰਣੁ ਨ ਤਾਹਾ॥		Theh Rog Sog N Dhookh Biaapai Janam Maran N Thaahaa ||	Disease, sorrow and suffering do not afflict anyone there; there is no birth or death there.	ਉਥੇ ਰੋਗ ਨਹੀਂ ਹਨ, ਉਥੇ ਚਿੰਤਾ-ਫ਼ਿਕਰ ਨਹੀਂ ਹਨ, ਉਥੇ (ਕੋਈ) ਦੁੱਖ ਆਪਣਾ ਜ਼ੋਰ ਨਹੀਂ ਪਾ ਸਕਦਾ, ਉਸ (ਕੰਤ) ਨੂੰ ਜਨਮ ਮਰਨ ਦਾ ਗੇੜ ਨਹੀਂ ਹੈ।

36092	846	ਰਿਧਿ ਸਿਧਿ ਸੁਧਾ ਰਸੁ ਅੰਮ੍ਰਿਤੁ ਭਗਤਿ ਭਰੇ ਭੰਡਾਰਾ॥	(ਸੁਧਾ)ਨਿਰਾ। ਸੁਧਾ:ਪੋਲਾ ਬੋਲੋ	Ridhh Sidhh Sudhhaa Ras Anmrith Bhagath Bharae Bhanddaaraa ||	There are treasures overflowing there - wealth, miraculous powers, ambrosial nectar and devotional worship.	ਹੇ ਸਹੇਲੀਏ! (ਉਸ ਕੰਤ-ਪ੍ਰਭੂ ਦੇ ਦਰਬਾਰ ਵਿਚ) ਰਿੱਧੀਆਂ ਹਨ ਸਿੱਧੀਆਂ ਹਨ, ਆਤਮਕ ਜੀਵਨ ਦੇਣ ਵਾਲਾ ਨਾਮ ਰਸ ਹੈ, ਭਗਤੀ ਦੇ ਖ਼ਜ਼ਾਨੇ ਭਰੇ ਪਏ ਹਨ।
36093	846	ਬਿਨਵੰਤਿ ਨਾਨਕ ਬਲਿਹਾਰਿ ਵੰਞਾ ਪਾਰਬ੍ਰਹਮ ਪ੍ਰਾਨ ਅਧਾਰਾ॥੧॥		Binavanth Naanak Balihaar Vannjaa Paarabreham Praan Adhhaaraa ||1||	Prays Nanak, I am a sacrifice, devoted to the Supreme Lord God, the Support of the breath of life. ||1||	ਨਾਨਕ ਬੇਨਤੀ ਕਰਦਾ ਹੈ-(ਸਭ ਜੀਵਾਂ ਦੀ) ਜ਼ਿੰਦਗੀ ਦੇ ਆਸਰੇ ਉਸ ਪਾਰਬ੍ਰਹਮ ਤੋਂ ਮੈਂ ਸਦਕੇ ਜਾਂਦਾ ਹਾਂ ॥੧॥
36094	846	ਸੁਣਿ ਸਖੀਅ ਸਹੇਲੜੀਹੋ ਮਿਲਿ ਮੰਗਲੁ ਗਾਵਹ ਰਾਮ॥		Sun Sakheea Sehaelarreeho Mil Mangal Gaaveh Raam ||	Listen, O my companions, and sister soul-brides, let's join together and sing the songs of joy.	ਹੇ ਸਖੀਓ! ਹੇ ਸਹੇਲੀਓ! ਸੁਣੋ, ਆਓ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਵੀਏ।
36095	846	ਮਨਿ ਤਨਿ ਪ੍ਰੇਮੁ ਕਰੇ ਤਿਸੁ ਪ੍ਰਭ ਕਉ ਰਾਵਹ ਰਾਮ॥		Man Than Praem Karae This Prabh Ko Raaveh Raam ||	Loving our God with mind and body, let's ravish and enjoy Him.	ਹੇ ਸਹੇਲੀਓ! ਮਨ ਵਿਚ ਹਿਰਦੇ ਵਿਚ ਪਿਆਰ ਪੈਦਾ ਕਰ ਕੇ ਉਸ ਪ੍ਰਭੂ ਨੂੰ ਸਿਮਰੀਏ।
36096	846	ਕਰਿ ਪ੍ਰੇਮੁ ਰਾਵਹ ਤਿਸੈ ਭਾਵਹ ਇਕ ਨਿਮਖ ਪਲਕ ਨ ਤਿਆਗੀਐ॥		Kar Praem Raaveh Thisai Bhaaveh Eik Nimakh Palak N Thiaageeai ||	Lovingly enjoying Him, we become pleasing to Him; let's not reject Him, for a moment, even for an instant.	(ਹਿਰਦੇ ਵਿਚ) ਪ੍ਰੇਮ ਕਰ ਕੇ (ਉਸ ਨੂੰ) ਸਿਮਰੀਏ, ਤੇ, ਉਸ ਨੂੰ ਪਿਆਰੀਆਂ ਲੱਗੀਏ। ਹੇ ਸਹੇਲੀਓ! (ਉਸ ਕੰਤ-ਪ੍ਰਭੂ ਨੂੰ) ਅੱਖ ਝਮਕਣ ਜਿਤਨੇ ਸਮੇ ਲਈ ਭੀ ਵਿਸਾਰਨਾ ਨਹੀਂ ਚਾਹੀਦਾ।

36097	846	ਗਹਿ ਕੰਠਿ ਲਾਈਐ ਨਹ ਲਜਾਈਐ ਚਰਨ ਰਜ ਮਨੁ ਪਾਗੀਐ॥	ਲੱਜਾਈਐ	Gehi Kanth Laaeeai Neh Lajaaeeai Charan Raj Man Paageeai ||	Let's hug Him close in our embrace, and not feel shy; let's bathe our minds in the dust of His feet.	ਉਸ ਨੂੰ ਫੜ ਕੇ ਗਲ ਨਾਲ ਲਾ ਲੈਣਾ ਚਾਹੀਦਾ ਹੈ (ਉਸ ਦਾ ਨਾਮ ਸੁਰਤ ਜੋੜ ਕੇ ਗਲੇ ਵਿਚ ਪੋ੍ ਲੈਣਾ ਚਾਹੀਦਾ ਹੈ, ਇਸ ਕੰਮ ਤੋਂ) ਸ਼ਰਮ ਨਹੀਂ ਕਰਨੀ ਚਾਹੀਦੀ, (ਉਸ ਦੇ) ਚਰਨਾਂ ਦੀ ਧੂੜ ਨਾਲ (ਆਪਣਾ ਇਹ) ਮਨ ਰੰਗ ਲੈਣਾ ਚਾਹੀਦਾ ਹੈ।
36098	846	ਭਗਤਿ ਠਗਉਰੀ ਪਾਇ ਮੋਹਹ ਅਨਤ ਕਤਹੂ ਨ ਧਾਵਹ॥		Bhagath Thagouree Paae Moheh Anath Kathehoo N Dhhaaveh ||	With the intoxicating drug of devotional worship, let's entice Him, and not wander anywhere else.	ਹੇ ਸਹੇਲੀਓ! ਭਗਤੀ ਦੀ ਠਗਬੂਟੀ ਵਰਤ ਕੇ, ਆਓ ਉਸ ਕੰਤ-ਪ੍ਰਭੂ ਨੂੰ ਵੱਸ ਵਿਚ ਕਰ ਲਈਏ, ਤੇ, ਹੋਰ ਹੋਰ ਪਾਸੇ ਨਾਹ ਭਟਕਦੀਆਂ ਫਿਰੀਏ।
36099	846	ਬਿਨਵੰਤਿ ਨਾਨਕ ਮਿਲਿ ਸੰਗਿ ਸਾਜਨ ਅਮਰਪਦਵੀ ਪਾਵਹ॥੨॥		Binavanth Naanak Mil Sang Saajan Amar Padhavee Paaveh ||2||	Prays Nanak, meeting with our True Friend, we attain the immortal status. ||2||	ਨਾਨਕ ਬੇਨਤੀ ਕਰਦਾ ਹੈ-ਉਸ ਸੱਜਣ ਪ੍ਰਭੂ ਨੂੰ ਮਿਲ ਕੇ ਉਹ ਦਰਜਾ ਹਾਸਲ ਕਰ ਲਈਏ, ਜਿੱਥੇ ਆਤਮਕ ਮੌਤ ਕਦੇ ਭੀ ਪੋਹ ਨਹੀਂ ਸਕਦੀ ॥੨॥
36100	846	ਬਿਸਮਨ ਬਿਸਮ ਭਈ ਪੇਖਿ ਗੁਣ ਅਬਿਨਾਸੀ ਰਾਮ॥		Bisaman Bisam Bhee Paekh Gun Abinaasee Raam ||	I am wonder-struck and amazed, gazing upon the Glories of my Imperishable Lord.	ਹੇ ਸਹੇਲੀਓ! ਅਬਿਨਾਸੀ ਕੰਤ-ਪ੍ਰਭੂ ਦੇ ਗੁਣ (ਉਪਕਾਰ) ਵੇਖ ਵੇਖ ਕੇ ਮੈਂ ਤਾਂ ਹੈਰਾਨ ਹੀ ਹੋ ਗਈ ਹਾਂ।

36101	846	ਕਰੁ ਗਹਿ ਭੁਜਾ ਗਹੀ ਕਟਿ ਜਮ ਕੀ ਫਾਸੀ ਰਾਮ॥		Kar Gehi Bhujaa Gehee Katt Jam Kee Faasee Raam ||	He took my hand, and held my arm, and cut away the noose of Death.	(ਉਸ ਨੇ ਮੇਰਾ) ਹੱਥ ਫੜ ਕੇ, (ਮੇਰੀ) ਜਮਾਂ ਵਾਲੀ ਫਾਹੀ ਕੱਟ ਕੇ, ਮੇਰੀ ਬਾਂਹ ਫੜ ਲਈ ਹੈ।
36102	846	ਗਹਿ ਭੁਜਾ ਲੀਨ੍ਹੀ ਦਾਸਿ ਕੀਨ੍ਹੀ ਅੰਕੁਰਿ ਉਦੋਤੁ ਜਣਾਇਆ॥		Gehi Bhujaa Leenhee Dhaas Keenhee Ankur Oudhoth Janaaeiaa ||	Holding me by the arm, He made me His slave; the branch has sprouted in abundance.	ਉਸ ਨੇ ਮੇਰੀ ਬਾਂਹ ਘੁੱਟ ਕੇ ਫੜ ਲਈ ਹੈ, ਮੈਨੂੰ (ਆਪਣੀ) ਦਾਸੀ ਬਣਾ ਲਿਆ ਹੈ, (ਮੇਰੇ ਭਾਗਾਂ ਦੇ ਫੁੱਟ-ਰਹੇ) ਅੰਗੂਰ ਦੇ ਕਾਰਨ, (ਉਸ ਨੇ ਮੇਰੇ ਅੰਦਰ ਆਤਮਕ ਜੀਵਨ ਦਾ) ਪਰਕਾਸ਼ ਕਰ ਦਿੱਤਾ ਹੈ।
36103	846	ਮਲਨ ਮੋਹ ਬਿਕਾਰ ਨਾਠੇ ਦਿਵਸ ਨਿਰਮਲ ਆਇਆ॥		Malan Moh Bikaar Naathae Dhivas Niramal Aaeiaa ||	Pollution, attachment and corruption have run away; the immaculate day has dawned.	ਮੋਹ ਆਦਿਕ ਭੈੜੇ ਵਿਕਾਰ (ਮੇਰੇ ਅੰਦਰੋਂ) ਨੱਸ ਗਏ ਹਨ, (ਮੇਰੀ ਜ਼ਿੰਦਗੀ ਦੇ) ਪਵਿੱਤਰ ਦਿਨ ਆ ਗਏ ਹਨ।
36104	846	ਦ੍ਰਿਸਟਿ ਧਾਰੀ ਮਨਿ ਪਿਆਰੀ ਮਹਾ ਦੁਰਮਤਿ ਨਾਸੀ॥		Dhrisatt Dhhaaree Man Piaaree Mehaa Dhuramath Naasee ||	Casting His Glance of Grace, the Lord loves me with His Mind; my immense evil-mindedness is dispelled.	(ਹੇ ਸਹੇਲੀਓ! ਉਸ ਕੰਤ ਪ੍ਰਭੂ ਨੇ ਮੇਰੇ ਉਤੇ ਪਿਆਰ ਭਰੀ) ਨਿਗਾਹ ਕੀਤੀ (ਜਿਹੜੀ ਮੇਰੇ) ਮਨ ਵਿਚ ਪਿਆਰੀ ਲੱਗੀ ਹੈ, (ਉਸ ਦੇ ਪਰਤਾਪ ਨਾਲ ਮੇਰੇ ਅੰਦਰੋਂ) ਬਹੁਤ ਹੀ ਖੋਟੀ ਮਤਿ ਨਾਸ ਹੋ ਗਈ ਹੈ।

36105	846	ਬਿਨਵੰਤਿ ਨਾਨਕ ਭਈ ਨਿਰਮਲ ਪ੍ਰਭ ਮਿਲੇ ਅਬਿਨਾਸੀ ॥੩॥		Binavanth Naanak Bhee Niramal Prabh Milae Abinaasee ||3||	Prays Nanak, I have become immaculate and pure; I have met the Imperishable Lord God. ||3||	ਨਾਨਕ ਬੇਨਤੀ ਕਰਦਾ ਹੈ- ਅਬਿਨਾਸੀ ਪ੍ਰਭੂ ਜੀ ਮੈਨੂੰ ਮਿਲ ਪਏ ਹਨ, ਮੈਂ ਪਵਿੱਤਰ ਜੀਵਨ ਵਾਲੀ ਹੋ ਗਈ ਹਾਂ ॥੩॥
36106	846	ਸੂਰਜ ਕਿਰਣਿ ਮਿਲੇ ਜਲ ਕਾ ਜਲੁ ਹੂਆ ਰਾਮ॥	ਜਲਬਰਫ਼	Sooraj Kiran Milae Jal Kaa Jal Hooaa Raam ||	The rays of light merge with the sun, and water merges with water.	ਹੇ ਭਾਈ! (ਜਿਵੇਂ) ਸੂਰਜ ਦੀ ਕਿਰਣ ਨਾਲ ਮਿਲ ਕੇ (ਬਰਫ਼ ਤੋਂ) ਪਾਣੀ ਦਾ ਪਾਣੀ ਬਣ ਜਾਂਦਾ ਹੈ (ਸੂਰਜ ਦੇ ਨਿੱਘ ਨਾਲ ਬਰਫ਼-ਬਣੇ ਪਾਣੀ ਦੀ ਕਠੋਰਤਾ ਖ਼ਤਮ ਹੋ ਜਾਂਦੀ ਹੈ),
36107	846	ਜੋਤੀ ਜੋਤਿ ਰਲੀ ਸੰਪੂਰਨੁ ਥੀਆ ਰਾਮ॥		Jothee Joth Ralee Sanpooran Thheeaa Raam ||	One's light blends with the Light, and one becomes totally perfect.	(ਤਿਵੇਂ ਸਿਫ਼ਤਿ-ਸਾਲਾਹ ਦੀ ਬਰਕਤ ਨਾਲ ਜੀਵ ਦੇ ਅੰਦਰੋਂ ਰੁੱਖਾ-ਪਨ ਮੁੱਕ ਕੇ ਜੀਵ ਦੀ) ਜਿੰਦ ਪਰਮਾਤਮਾ ਦੀ ਜੋਤਿ ਨਾਲ ਇਕ-ਮਿਕ ਹੋ ਜਾਂਦੀ ਹੈ, ਜੀਵ ਸਾਰੇ ਗੁਣਾਂ ਦੇ ਮਾਲਕ ਪਰਮਾਤਮਾ ਦਾ ਰੂਪ ਹੋ ਜਾਂਦਾ ਹੈ।
36108	846	ਬ੍ਰਹਮੁ ਦੀਸੈ ਬ੍ਰਹਮੁ ਸੁਣੀਐ ਏਕੁ ਏਕੁ ਵਖਾਣੀਐ॥		Breham Dheesai Breham Suneeai Eaek Eaek Vakhaaneeai ||	I see God, hear God, and speak of the One and only God.	(ਤਦੋਂ ਉਸ ਨੂੰ ਹਰ ਥਾਂ) ਪਰਮਾਤਮਾ ਹੀ (ਵੱਸਦਾ) ਨਜ਼ਰੀਂ ਆਉਂਦਾ ਹੈ, (ਹਰੇਕ ਵਿਚ) ਪਰਮਾਤਮਾ ਹੀ (ਬੋਲਦਾ ਉਸ ਨੂੰ) ਸੁਣੀਦਾ ਹੈ (ਉਸ ਨੂੰ ਇਉਂ ਜਾਪਦਾ ਹੈ ਕਿ ਹਰ ਥਾਂ) ਇਕ ਪਰਮਾਤਮਾ ਦਾ ਹੀ ਜ਼ਿਕਰ ਹੋ ਰਿਹਾ ਹੈ।

36109	846	ਆਤਮ ਪਸਾਰਾ ਕਰਣਹਾਰਾ ਪ੍ਰਭ ਬਿਨਾ ਨਹੀ ਜਾਣੀਐ॥		Aatham Pasaaraa Karanehaaraa Prabh Binaa Nehee Jaaneeai ||	The soul is the Creator of the expanse of creation. Without God, I know no other at all.	(ਉਸ ਨੂੰ ਹਰ ਥਾਂ) ਸਿਰਜਣਹਾਰ ਦੀ ਆਤਮਾ ਦਾ ਹੀ ਖਿਲਾਰਾ ਦਿੱਸਦਾ ਹੈ, ਪ੍ਰਭੂ ਤੋਂ ਬਿਨਾ ਉਹ ਕਿਸੇ ਹੋਰ ਨੂੰ ਕਿਤੇ ਨਹੀਂ ਪਛਾਣਦਾ।
36110	846	ਆਪਿ ਕਰਤਾ ਆਪਿ ਭੁਗਤਾ ਆਪਿ ਕਾਰਣੁ ਕੀਆ॥		Aap Karathaa Aap Bhugathaa Aap Kaaran Keeaa ||	He Himself is the Creator, and He Himself is the Enjoyer. He created the Creation.	(ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਪਰਮਾਤਮਾ ਆਪ (ਹੀ ਸਭ ਨੂੰ) ਪੈਦਾ ਕਰਨ ਵਾਲਾ ਹੈ, (ਜੀਵਾਂ ਵਿਚ ਵਿਆਪਕ ਹੋ ਕੇ) ਆਪ (ਹੀ ਸਾਰੇ ਰੰਗ) ਮਾਣ ਰਿਹਾ ਹੈ, ਉਹ ਆਪ ਹੀ ਹਰੇਕ ਕੰਮ ਦੀ ਪ੍ਰੇਰਨਾ ਕਰ ਰਿਹਾ ਹੈ।
36111	846	ਬਿਨਵੰਤਿ ਨਾਨਕ ਸੇਈ ਜਾਣਹਿ ਜਿਨ੍ਹੀ ਹਰਿ ਰਸੁ ਪੀਆ॥੪॥੨॥		Binavanth Naanak Saeee Jaanehi Jinhee Har Ras Peeaa ||4||2||	Prays Nanak, they alone know this, who drink in the subtle essence of the Lord. ||4||2||	(ਪਰ) ਨਾਨਕ ਬੇਨਤੀ ਕਰਦਾ ਹੈ (ਕਿ ਇਸ ਅਵਸਥਾ ਨੂੰ) ਉਹੀ ਮਨੁੱਖ ਸਮਝਦੇ ਹਨ, ਜਿਨ੍ਹਾਂ ਨੇ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਿਆ ਹੈ ॥੪॥੨॥
36112	847	ਬਿਲਾਵਲੁ ਮਹਲਾ ੫ ਛੰਤ		Bilaaval Mehalaa 5 Shhantha	Bilaaval, Fifth Mehl, Chhant:	ਰਾਗ ਬਿਲਾਵਲੁ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ' (ਛੰਦ)।
36113	847	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

36114	847	ਸਖੀ ਆਉ ਸਖੀ ਵਸਿ ਆਉ ਸਖੀ ਅਸੀ ਪਿਰ ਕਾ ਮੰਗਲੁ ਗਾਵਹ॥		Sakhee Aao Sakhee Vas Aao Sakhee Asee Pir Kaa Mangal Gaaveh ||	Come, O my sisters, come, O my companions, and let us remain under the Lord's control. Let's sing the Songs of Bliss of our Husband Lord.	ਹੇ ਸਹੇਲੀਏ! ਆਓ (ਰਲ ਕੇ ਬੈਠੀਏ) ਹੇ ਸਹੇਲੀਏ! ਆਓ ਪ੍ਰਭੂ ਦੀ ਰਜ਼ਾ ਵਿਚ ਤੁਰੀਏ, ਅਤੇ ਪ੍ਰਭੂ-ਪਤੀ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਵੀਏ।
36115	847	ਤਜਿ ਮਾਨੁ ਸਖੀ ਤਜਿ ਮਾਨੁ ਸਖੀ ਮਤੁ ਆਪਣੇ ਪ੍ਰੀਤਮ ਭਾਵਹ॥		J Maan Sakhee Thaj Maan Sakhee Math Aapanae Preetham Bhaaveh ||	Renounce your pride, O my companions, renounce your egotistical pride, O my sisters, so that you may become pleasing to your Beloved.	ਹੇ ਸਹੇਲੀਏ! (ਆਪਣੇ ਅੰਦਰੋਂ) ਅਹੰਕਾਰ ਦੂਰ ਕਰ (ਆਪਣੇ ਅੰਦਰੋਂ) ਅਹੰਕਾਰ ਦੂਰ ਕਰ, ਸ਼ਾਇਦ (ਇਸ ਤਰ੍ਹਾਂ) ਅਸੀਂ ਆਪਣੇ ਪ੍ਰੀਤਮ ਪ੍ਰਭੂ-ਪਤੀ ਨੂੰ ਚੰਗੀਆਂ ਲੱਗ ਸਕੀਏ।
36116	847	ਤਜਿ ਮਾਨੁ ਮੋਹੁ ਬਿਕਾਰੁ ਦੂਜਾ ਸੇਵਿ ਏਕੁ ਨਿਰੰਜਨੋ॥		Thaj Maan Mohu Bikaar Dhoojaa Saev Eaek Niranjano ||	Renounce pride, emotional attachment, corruption and duality, and serve the One Immaculate Lord.	ਹੇ ਸਹੇਲੀਏ! (ਆਪਣੇ ਅੰਦਰੋਂ) ਅਹੰਕਾਰ ਦੂਰ ਕਰ, ਮੋਹ ਦੂਰ ਕਰ, ਮਾਇਆ ਦੇ ਪਿਆਰ ਵਾਲਾ ਵਿਕਾਰ ਦੂਰ ਕਰ, ਸਿਰਫ਼ ਨਿਰਲੇਪ ਪ੍ਰਭੂ ਦੀ ਸਰਨ ਪਈ ਰਹੁ।
36117	847	ਲਗੁ ਚਰਣ ਸਰਣ ਦਇਆਲ ਪ੍ਰੀਤਮ ਸਗਲ ਦੁਰਤ ਬਿਖੰਡਨੋ॥	(ਦੁਰਤ)ਪਾਪ। (ਬਿ-ਖੰਡਨੋ)ਵਿਸ਼ੇਸ਼ ਕਰਕੇ ਕੱਟਣਾ	Lag Charan Saran Dhaeiaal Preetham Sagal Dhurath Bikhanddano ||	Hold tight to the Sanctuary of the Feet of the Merciful Lord, your Beloved, the Destroyer of all sins.	ਸਾਰੇ ਪਾਪਾਂ ਦੇ ਨਾਸ ਕਰਨ ਵਾਲੇ ਦਇਆ ਦੇ ਸੋਮੇ ਪ੍ਰੀਤਮ ਪ੍ਰਭੂ ਦੇ ਚਰਨਾਂ ਦੀ ਓਟ ਪਕੜੀ ਰੱਖ।

36118	847	ਹੋਇ ਦਾਸ ਦਾਸੀ ਤਜਿ ਉਦਾਸੀ ਬਹੁੜਿ ਬਿਧੀ ਨ ਧਾਵਾ॥		Hoe Dhaas Dhaasee Thaj Oudhaasee Bahurr Bidhhee N Dhhaavaa ||	Be the slave of His slaves, forsake sorrow and sadness, and do not bother with other devices.	ਹੇ ਸਹੇਲੀਏ! (ਮੇਰੇ ਉੱਤੇ ਭੀ) ਮਿਹਰ ਕਰ, ਮੈਂ (ਪ੍ਰਭੂ ਦੇ) ਦਾਸਾਂ ਦੀ ਦਾਸੀ ਬਣ ਕੇ (ਸਿਫ਼ਤਿ-ਸਾਲਾਹ ਵਲੋਂ) ਉਪਰਾਮਤਾ ਛੱਡ ਕੇ ਮੁੜ ਹੋਰ ਹੋਰ ਪਾਸੇ ਨਾਹ ਭਟਕਦਾ ਫਿਰਾਂ।
36119	847	ਨਾਨਕੁ ਪਇਅੰਪੈ ਕਰਹੁ ਕਿਰਪਾ ਤਾਮਿ ਮੰਗਲੁ ਗਾਵਾ॥੧॥		Naanak Paeianpai Karahu Kirapaa Thaam Mangal Gaavaa ||1||	Prays Nanak, O Lord, please bless me with Your Mercy, that I may sing Your songs of bliss. ||1||	ਨਾਨਕ ਬੇਨਤੀ ਕਰਦਾ ਹੈ- (ਤੂੰ ਮਿਹਰ ਕਰੇਂ), ਤਦੋਂ ਹੀ ਮੈਂ (ਭੀ) ਸਿਫ਼ਤਿ-ਸਾਲਾਹ ਦਾ ਗੀਤ ਗਾ ਸਕਾਂਗਾ ॥੧॥
36120	847	ਅੰਮ੍ਰਿਤੁ ਪ੍ਰਿਅ ਕਾ ਨਾਮੁ ਮੈ ਅੰਧੁਲੇ ਟੋਹਨੀ॥		Anmrith Pria Kaa Naam Mai Andhhulae Ttohanee ||	The Ambrosial Naam, the Name of my Beloved, is like a cane to a blind man.	ਹੇ ਭਾਈ! ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਮੇਰੇ ਜੀਵਨ ਵਾਸਤੇ ਸਹਾਰਾ ਹੈ ਜਿਵੇਂ ਅੰਨ੍ਹੇ ਨੂੰ ਡੰਗੋਰੀ ਦਾ ਸਹਾਰਾ ਹੁੰਦਾ ਹੈ,
36121	847	ਓਹ ਜੋਹੈ ਬਹੁ ਪਰਕਾਰ ਸੁੰਦਰਿ ਮੋਹਨੀ॥		Ouh Johai Bahu Parakaar Sundhar Mohanee ||	Maya seduces in so many ways, like a beautiful enticing woman.	(ਕਿਉਂਕਿ) ਉਹ ਮਨ ਨੂੰ ਫਸਾਣ ਵਾਲੀ ਸੁੰਦਰੀ ਮਾਇਆ ਕਈ ਤਰੀਕਿਆਂ ਨਾਲ (ਜੀਵਾਂ ਨੂੰ) ਤਾੜਦੀ ਰਹਿੰਦੀ ਹੈ (ਤੇ ਆਪਣੇ ਮੋਹ ਵਿਚ ਅੰਨ੍ਹਾ ਕਰ ਲੈਂਦੀ ਹੈ)।

36122	847	ਮੋਹਨੀ ਮਹਾ ਬਚਿਤ੍ਰਿ ਚੰਚਲਿ ਅਨਿਕ ਭਾਵ ਦਿਖਾਵਏ॥		Mohanee Mehaa Bachithr Chanchal Anik Bhaav Dhikhaaveae ||	This enticer is so incredibly beautiful and clever; she entices with countless suggestive gestures.	ਹੇ ਭਾਈ! ਕਈ ਰੰਗਾਂ ਵਾਲੀ ਅਤੇ ਮਨ ਨੂੰ ਮੋਹਣ ਵਾਲੀ ਚੰਚਲ ਮਾਇਆ (ਜੀਵਾਂ ਨੂੰ) ਅਨੇਕਾਂ ਨਖ਼ਰੇ ਵਿਖਾਂਦੀ ਰਹਿੰਦੀ ਹੈ।
36123	847	ਹੋਇ ਢੀਠ ਮੀਠੀ ਮਨਹਿ ਲਾਗੈ ਨਾਮੁ ਲੈਣ ਨ ਆਵਏ॥		Hoe Dteeth Meethee Manehi Laagai Naam Lain N Aaveae ||	Maya is stubborn and persistent; she seems so sweet to the mind, and then he does not chant the Naam.	ਢੀਠ ਬਣ ਕੇ (ਭਾਵ, ਮੁੜ ਮੁੜ ਆਪਣੇ ਹਾਵ-ਭਾਵ ਵਿਖਾ ਕੇ, ਆਖ਼ਰ ਜੀਵਾਂ ਦੇ) ਮਨ ਵਿਚ ਪਿਆਰੀ ਲੱਗਣ ਲੱਗ ਪੈਂਦੀ ਹੈ, (ਇਸ ਮੋਹਣੀ ਮਾਇਆ ਦੇ ਅਸਰ ਹੇਠ ਪਰਮਾਤਮਾ ਦਾ) ਨਾਮ ਜਪਿਆ ਨਹੀਂ ਜਾ ਸਕਦਾ।
36124	847	ਗ੍ਰਿਹ ਬਨਹਿ ਤੀਰੈ ਬਰਤ ਪੂਜਾ ਬਾਟ ਘਾਟੈ ਜੋਹਨੀ॥		Grih Banehi Theerai Barath Poojaa Baatt Ghaattai Johanee ||	At home, in the forest, on the banks of sacred rivers, fasting, worshipping, on the roads and on the shore, she is spying.	ਹੇ ਭਾਈ! ਗ੍ਰਿਹਸਤ ਵਿਚ (ਗ੍ਰਿਹਸਤੀਆਂ ਨੂੰ) ਜੰਗਲਾਂ ਵਿਚ (ਤਿਆਗੀਆਂ ਨੂੰ), ਤੀਰਥਾਂ ਦੇ ਕੰਢੇ (ਤੀਰਥ-ਇਸ਼ਨਾਨੀਆਂ ਨੂੰ), ਵਰਤ (ਰੱਖਣ ਵਾਲਿਆਂ ਨੂੰ) ਦੇਵ-ਪੂਜਾ (ਕਰਨ ਵਾਲਿਆਂ ਨੂੰ), ਰਾਹਾਂ ਵਿਚ, ਪੱਤਣਾਂ ਤੇ (ਹਰ ਥਾਂ ਇਹ ਮਾਇਆ ਆਪਣੀ) ਤਾੜ ਵਿਚ ਰੱਖਦੀ ਹੈ।

36125	847	ਨਾਨਕੁ ਪਇਅੰਪੈ ਦਇਆ ਧਾਰਹੁ ਮੈ ਨਾਮੁ ਅੰਧੁਲੇ ਟੋਹਨੀ॥੨॥	(ਟੋਹਨੀ)ਸੋਟੀ। ਪਇ-ਅੰਪੈ	Naanak Paeianpai Dhaeiaa Dhhaarahu Mai Naam Andhhulae Ttohanee ||2||	Prays Nanak, please bless me with Your Kindness, Lord; I am blind, and Your Name is my cane. ||2||	ਨਾਨਕ ਬੇਨਤੀ ਕਰਦਾ ਹੈ-(ਹੇ ਪ੍ਰਭੂ! ਮੇਰੇ ਉੱਤੇ) ਮਿਹਰ ਕਰ (ਇਸ ਮਾਇਆ ਦੀ ਤੱਕ ਤੋਂ ਬਚਣ ਲਈ) ਮੈਨੂੰ ਆਪਣਾ ਨਾਮ (ਦਾ ਸਹਾਰਾ ਦੇਈ ਰੱਖ, ਜਿਵੇਂ) ਅੰਨ੍ਹੇ ਨੂੰ ਡੰਗੋਰੀ ਦਾ ਸਹਾਰਾ ਹੁੰਦਾ ਹੈ ॥੨॥
36126	847	ਮੋਹਿ ਅਨਾਥ ਪ੍ਰਿਅ ਨਾਥ ਜਿਉ ਜਾਨਹੁ ਤਿਉ ਰਖਹੁ॥		Mohi Anaathh Pria Naathh Jio Jaanahu Thio Rakhahu ||	I am helpless and masterless; You, O my Beloved, are my Lord and Master. As it pleases You, so do You protect me.	ਹੇ ਪਿਆਰੇ ਖਸਮ-ਪ੍ਰਭੂ! ਜਿਵੇਂ ਹੋ ਸਕੇ, (ਇਸ ਮੋਹਣੀ ਮਾਇਆ ਦੇ ਪੰਜੇ ਤੋਂ) ਮੈਨੂੰ ਨਿਮਾਣੇ ਨੂੰ (ਬਚਾ ਕੇ) ਰੱਖ।
36127	847	ਚਤੁਰਾਈ ਮੋਹਿ ਨਾਹਿ ਰੀਝਾਵਉ ਕਹਿ ਮੁਖਹੁ॥		Chathuraaee Mohi Naahi Reejhaavo Kehi Mukhahu ||	I have no wisdom or cleverness; what face should I put on to please You?	ਮੇਰੇ ਅੰਦਰ ਕੋਈ ਸਿਆਣਪ ਨਹੀਂ ਕਿ ਮੈਂ (ਕੁਝ) ਮੂੰਹੋਂ ਆਖ ਕੇ ਤੈਨੂੰ ਪ੍ਰਸੰਨ ਕਰ ਸਕਾਂ।
36128	847	ਨਹ ਚਤੁਰਿ ਸੁਘਰਿ ਸੁਜਾਨ ਬੇਤੀ ਮੋਹਿ ਨਿਰਗੁਨਿ ਗੁਨੁ ਨਹੀ॥		Neh Chathur Sughar Sujaan Baethee Mohi Niragun Gun Nehee ||	I am not clever, skillful or wise; I am worthless, without any virtue at all.	ਹੇ ਪਿਆਰੇ ਨਾਥ! ਮੈਂ ਚਤੁਰ ਨਹੀਂ, ਮੈਂ ਚੰਗੀ ਮਾਨਸਕ ਘਾੜਤ ਵਾਲੀ ਨਹੀਂ, ਮੈਂ ਸਿਆਣੀ ਨਹੀਂ, ਮੈਂ ਚੰਗੀ ਸੂਝ ਵਾਲੀ ਨਹੀਂ, ਮੈਂ ਗੁਣ-ਹੀਨ ਵਿਚ (ਕੋਈ ਭੀ) ਗੁਣ ਨਹੀਂ।

36129	847	ਨਹ ਰੂਪ ਧੂਪ ਨ ਨੈਣ ਬੰਕੇ ਜਹ ਭਾਵੈ ਤਹ ਰਖੁ ਤੁਹੀ॥		Neh Roop Dhhoop N Nain Bankae Jeh Bhaavai Theh Rakh Thuhee ||	I have no beauty or pleasing smell, no beautiful eyes. As it pleases You, please preserve me, O Lord.	ਨਾਹ ਮੇਰਾ ਸੋਹਣਾ ਰੂਪ ਹੈ, ਨਾਹ (ਮੇਰੇ ਅੰਦਰ ਚੰਗੇ ਗੁਣਾਂ ਵਾਲੀ) ਸੁਗੰਧੀ ਹੈ ਨਾਹ ਮੇਰੇ ਬਾਂਕੇ ਨੈਣ ਹਨ-ਜਿੱਥੇ ਤੇਰੀ ਰਜ਼ਾ ਹੈ ਉਥੇ ਹੀ ਮੈਨੂੰ (ਇਸ ਮੋਹਣੀ ਮਾਇਆ ਤੋਂ) ਬਚਾ ਲੈ।
36130	847	ਜੈ ਜੈ ਜਇਅੰਪਹਿ ਸਗਲ ਜਾ ਕਉ ਕਰੁਣਾਪਤਿ ਗਤਿ ਕਿ ਨਿ ਲਖਹੁ॥	(ਜਇ-ਅਮਪਹਿ)ਜਪਣਾ,ਰਾਮਜੀ ਦੀ ਉਸਤਤੀ ਕਰਦਿਆਂ,ਮਿੱਠੀ ਮਿੱਠੀ ਧੁਨਿ ਚ. ਸ਼ਬਦ ਉਚਾਰਣਾ। ਕਿਕਿਉਂ ਨਿਨਹੀਂ। ਕਰੁਣਾ-ਪਤਿ।ਲਖਹੁ:ਪੋਲਾ ਬੋਲੋ।(ਦੂਜਾ ਪਾਠ: ਕਿਨਿ)	Jai Jai Jaeianpehi Sagal Jaa Ko Karunaapath Gath Kin Lakhahu ||	His victory is celebrated by all; how can I know the state of the Lord of Mercy?	ਹੇ ਤਰਸ ਦੇ ਮਾਲਕ ਪ੍ਰਭੂ! (ਤੂੰ ਐਸਾ ਹੈਂ) ਜਿਸ ਦੀ ਸਾਰੇ ਜੀਵ ਜੈ ਜੈਕਾਰ ਉਚਾਰਦੇ ਹਨ। ਤੂੰ ਕਿਹੋ ਜਿਹਾ ਹੈਂ-ਕਿਸੇ ਨੇ ਭੀ ਇਹ ਭੇਤ ਨਹੀਂ ਸਮਝਿਆ।
36131	847	ਨਾਨਕੁ ਪਇਅੰਪੈ ਸੇਵ ਸੇਵਕੁ ਜਿਉ ਜਾਨਹੁ ਤਿਉ ਮੋਹਿ ਰਖਹੁ॥੩॥	ਪਇ-ਅੰਪੈ	Naanak Paeianpai Saev Saevak Jio Jaanahu Thio Mohi Rakhahu ||3||	Prays Nanak, I am the servant of Your servants; as it pleases You, please preserve me. ||3||	ਨਾਨਕ ਬੇਨਤੀ ਕਰਦਾ ਹੈ-ਹੇ ਪ੍ਰਭੂ! (ਮੈਂ ਤੇਰਾ) ਸੇਵਕ ਹਾਂ (ਮੈਨੂੰ ਆਪਣੀ) ਸੇਵਾ-ਭਗਤੀ (ਬਖ਼ਸ਼) ਜਿਵੇਂ ਹੋ ਸਕੇ, ਤਿਵੇਂ ਮੈਨੂੰ (ਇਸ ਮੋਹਣੀ ਮਾਇਆ ਤੋਂ) ਬਚਾਈ ਰੱਖ ॥੩॥
36132	847	ਮੋਹਿ ਮਛੁਲੀ ਤੁਮ ਨੀਰ ਤੁਝ ਬਿਨੁ ਕਿਉ ਸਰੈ॥		Mohi Mashhulee Thum Neer Thujh Bin Kio Sarai ||	I am the fish, and You are the water; without You, what can I do?	ਹੇ ਪ੍ਰਭੂ! ਮੈਂ ਮੱਛੀ (ਵਾਸਤੇ) ਤੂੰ (ਤੇਰਾ ਨਾਮ) ਪਾਣੀ ਹੈ, ਤੈਥੋਂ ਬਿਨਾ (ਤੇਰੀ ਯਾਦ ਤੋਂ ਬਿਨਾ) ਮੇਰਾ ਜੀਊਣ ਨਹੀਂ ਹੋ ਸਕਦਾ।

36133	847	ਮੋਹਿ ਚਾਤ੍ਰਿਕ ਤੁਮ੍ਹ ਬੂੰਦ ਤ੍ਰਿਪਤਉ ਮੁਖਿ ਪਰੈ॥		Mohi Chaathrik Thumh Boondh Thripatho Mukh Parai ||	I am the rainbird, and You are the rain-drop; when it falls into my mouth, I am satisfied.	ਹੇ ਪ੍ਰਭੂ! ਮੈਂ ਪਪੀਹੇ (ਵਾਸਤੇ) ਤੂੰ (ਤੇਰਾ ਨਾਮ) ਵਰਖਾ ਦੀ ਬੂੰਦ ਹੈ, ਮੈਨੂੰ (ਤਦੋਂ) ਸ਼ਾਂਤੀ ਆਉਂਦੀ ਹੈ (ਜਦੋਂ ਨਾਮ-ਬੂੰਦ ਮੇਰੇ) ਮੂੰਹ ਵਿਚ ਪੈਂਦੀ ਹੈ।
36134	847	ਮੁਖਿ ਪਰੈ ਹਰੈ ਪਿਆਸ ਮੇਰੀ ਜੀਅ ਹੀਆ ਪ੍ਰਾਨਪਤੇ॥		Mukh Parai Harai Piaas Maeree Jeea Heeaa Praanapathae ||	When it falls into my mouth, my thirst is quenched; You are the Lord of my soul, my heart, my breath of life.	(ਜਿਵੇਂ ਵਰਖਾ ਦੀ ਬੂੰਦ ਪਪੀਹੇ ਦੇ ਮੂੰਹ ਵਿਚ ਪੈਂਦੀ ਹੈ ਤਾਂ ਉਹ ਬੂੰਦ ਉਸ ਦੀ ਪਿਆਸ ਦੂਰ ਕਰ ਦੇਂਦੀ ਹੈ, ਤਿਵੇਂ ਜਦੋਂ ਤੇਰਾ ਨਾਮ-ਬੂੰਦ ਮੇਰੇ) ਮੂੰਹ ਵਿਚ ਪੈਂਦੀ ਹੈ ਤਾਂ ਉਹ (ਮੇਰੇ ਅੰਦਰੋਂ ਮਾਇਆ ਦੀ) ਤ੍ਰਿਸ਼ਨਾ ਦੂਰ ਕਰ ਦੇਂਦੀ ਹੈ।
36135	847	ਲਾਡਿਲੇ ਲਾਡ ਲਡਾਇ ਸਭ ਮਹਿ ਮਿਲੁ ਹਮਾਰੀ ਹੋਇ ਗਤੇ॥		Laaddilae Laadd Laddaae Sabh Mehi Mil Hamaaree Hoe Gathae ||	Touch me, and caress me, O Lord, You are in all; let me meet You, so that I may be emancipated.	ਹੇ ਮੇਰੀ ਜਿੰਦ ਦੇ ਮਾਲਕ! ਹੇ ਮੇਰੇ ਹਿਰਦੇ ਦੇ ਸਾਈਂ! ਹੇ ਮੇਰੇ ਪ੍ਰਾਣਾਂ ਦੇ ਨਾਥ! ਹੇ ਪਿਆਰੇ! ਪਿਆਰ-ਭਰੇ ਕੌਤਕ ਕਰ ਕੇ ਤੂੰ ਸਾਰੀ ਸ੍ਰਿਸ਼ਟੀ ਵਿਚ (ਵੱਸ ਰਿਹਾ ਹੈਂ। ਹੇ ਪਿਆਰੇ! ਮੈਨੂੰ) ਮਿਲ, (ਤਾਕਿ) ਮੇਰੀ ਉੱਚੀ ਆਤਮਕ ਅਵਸਥਾ ਬਣ ਸਕੇ।

36136	847	ਚੀਤਿ ਚਿਤਵਉ ਮਿਟੁ ਅੰਧਾਰੇ ਜਿਉ ਆਸ ਚਕਵੀ ਦਿਨੁ ਚਰੈ॥		Cheeth Chithavo Mitt Andhhaarae Jio Aas Chakavee Dhin Charai ||	In my consciousness I remember You, and the darkness is dispelled, like the chakvi duck, which longs to see the dawn.	ਹੇ ਪ੍ਰਭੂ! ਜਿਵੇਂ ਚਕਵੀ ਆਸ ਬਣਾਈ ਰੱਖਦੀ ਹੈ ਕਿ ਦਿਨ ਚੜ੍ਹ ਰਿਹਾ ਹੈ, ਤਿਵੇਂ ਮੈਂ ਭੀ (ਤੇਰਾ ਮਿਲਾਪ ਹੀ) ਚਿਤਾਰਦੀ ਰਹਿੰਦੀ ਹਾਂ (ਤੇ, ਆਖਦੀ ਰਹਿੰਦੀ ਹਾਂ-) ਹੇ ਹਨੇਰੇ! (ਮਾਇਆ ਦੇ ਮੋਹ ਦੇ ਹਨੇਰੇ! ਮੇਰੇ ਅੰਦਰੋਂ) ਦੂਰ ਹੋ ਜਾ।
36137	847	ਨਾਨਕੁ ਪਇਅੰਪੈ ਪ੍ਰਿਅ ਸੰਗਿ ਮੇਲੀ ਮਛੁਲੀ ਨੀਰੁ ਨ ਵੀਸਰੈ॥੪॥		Naanak Paeianpai Pria Sang Maelee Mashhulee Neer N Veesarai ||4||	Prays Nanak, O my Beloved, please unite me with Yourself; the fish never forgets the water. ||4||	ਨਾਨਕ ਬੇਨਤੀ ਕਰਦਾ ਹੈ-ਹੇ ਪਿਆਰੇ (ਮੈਨੂੰ ਆਪਣੇ) ਨਾਲ ਮਿਲਾ ਲੈ, (ਮੈਂ) ਮੱਛੀ ਨੂੰ (ਤੇਰਾ ਨਾਮ-) ਪਾਣੀ ਭੁੱਲ ਨਹੀਂ ਸਕਦਾ ॥੪॥
36138	847	ਧਨਿ ਧੰਨਿ ਹਮਾਰੇ ਭਾਗ ਘਰਿ ਆਇਆ ਪਿਰੁ ਮੇਰਾ ॥		Dhhan Dhhann Hamaarae Bhaag Ghar Aaeiaa Pir Maeraa ||	Blessed, blessed is my destiny; my Husband Lord has come into my home.	ਹੇ ਸਹੇਲੀਏ! (ਮੇਰੇ ਹਿਰਦੇ-) ਘਰ ਵਿਚ ਮੇਰਾ (ਪ੍ਰਭੂ) ਪਤੀ ਆ ਵੱਸਿਆ ਹੈ, ਮੇਰੇ ਭਾਗ ਜਾਗ ਪਏ ਹਨ।
36139	847	ਸੋਹੇ ਬੰਕ ਦੁਆਰ ਸਗਲਾ ਬਨੁ ਹਰਾ॥		Sohae Bank Dhuaar Sagalaa Ban Haraa ||	The gate of my mansion is so beautiful, and all my gardens are so green and alive.	(ਮੇਰੇ ਇਸ ਸਰੀਰ-ਘਰ ਦੇ) ਦਰਵਾਜ਼ੇ (ਸਾਰੇ ਗਿਆਨ-ਇੰਦ੍ਰੇ) ਸੋਹਣੇ ਬਣ ਗਏ ਹਨ (ਭਾਵ, ਹੁਣ ਇਹ ਗਿਆਨ-ਇੰਦ੍ਰੇ ਵਿਕਾਰਾਂ ਵਲ ਖਿੱਚ ਨਹੀਂ ਪਾਂਦੇ, ਮੇਰਾ) ਸਾਰਾ ਹਿਰਦੇ-ਜੂਹ ਆਤਮਕ ਜੀਵਨ ਵਾਲਾ ਹੋ ਗਿਆ ਹੈ।

36140	847	ਹਰ ਹਰਾ ਸੁਆਮੀ ਸੁਖਹਗਾਮੀ ਅਨਦ ਮੰਗਲ ਰਸੁ ਘਣਾ॥		Har Haraa Suaamee Sukheh Gaamee Anadh Mangal Ras Ghanaa ||	My peace-giving Lord and Master has rejuvenated me, and blessed me with great joy, bliss and love.	ਹੇ ਸਹੇਲੀਏ! ਆਤਮਕ ਜੀਵਨ ਨਾਲ ਭਰਪੂਰ ਅਤੇ ਸੁਖਾਂ ਦੀ ਦਾਤ ਦੇਣ ਵਾਲਾ ਮਾਲਕ-ਪ੍ਰਭੂ (ਮੇਰੇ ਹਿਰਦੇ-ਘਰ ਵਿਚ ਆ ਵੱਸਿਆ ਹੈ, ਜਿਸ ਦਾ ਸਦਕਾ ਮੇਰੇ ਅੰਦਰ) ਆਨੰਦ ਬਣ ਗਏ ਹਨ, ਖ਼ੁਸ਼ੀਆਂ ਹੋ ਗਈਆਂ ਹਨ, ਬਹੁਤ ਸੁਆਦ ਬਣ ਗਿਆ ਹੈ।
36141	847	ਨਵਲ ਨਵਤਨ ਨਾਹੁ ਬਾਲਾ ਕਵਨ ਰਸਨਾ ਗੁਨ ਭਣਾ॥		Naval Navathan Naahu Baalaa Kavan Rasanaa Gun Bhanaa ||	My Young Husband Lord is eternally young, and His body is forever youthful; what tongue can I use to chant His Glorious Praises?	ਹੇ ਸਹੇਲੀਏ! ਮੇਰਾ ਖਸਮ-ਪ੍ਰਭੂ ਹਰ ਵੇਲੇ ਨਵਾਂ ਹੈ ਜੁਆਨ ਹੈ (ਭਾਵ, ਉਸ ਦਾ ਪਿਆਰ ਕਦੇ ਕਮਜ਼ੋਰ ਨਹੀਂ ਪੈਂਦਾ)। ਮੈਂ (ਆਪਣੀ) ਜੀਭ ਨਾਲ (ਉਸ ਦੇ) ਕਿਹੜੇ ਕਿਹੜੇ ਗੁਣ ਦੱਸਾਂ?
36142	847	ਮੇਰੀ ਸੇਜ ਸੋਹੀ ਦੇਖਿ ਮੋਹੀ ਸਗਲ ਸਹਸਾ ਦੁਖੁ ਹਰਾ॥		Maeree Saej Sohee Dhaekh Mohee Sagal Sehasaa Dhukh Haraa ||	My bed is beautiful; gazing upon Him, I am fascinated, and all my doubts and pains are dispelled.	(ਹੇ ਸਹੇਲੀਏ! ਖਸਮ-ਪ੍ਰਭੂ ਦੇ ਮੇਰੇ ਹਿਰਦੇ ਵਿਚ ਆ ਵੱਸਣ ਨਾਲ) ਮੇਰੀ ਹਿਰਦਾ-ਸੇਜ ਸਜ ਗਈ ਹੈ, (ਉਸ ਪ੍ਰਭੂ-ਪਤੀ ਦਾ) ਦਰਸਨ ਕਰ ਕੇ ਮੈਂ ਮਸਤ ਹੋ ਰਹੀ ਹਾਂ (ਉਸ ਨੇ ਮੇਰੇ ਅੰਦਰੋਂ) ਹਰੇਕ ਸਹਿਮ ਤੇ ਦੁੱਖ ਦੂਰ ਕਰ ਦਿੱਤਾ ਹੈ।

36143	847	ਨਾਨਕੁ ਪਇਅੰਪੈ ਮੇਰੀ ਆਸ ਪੂਰੀ ਮਿਲੇ ਸੁਆਮੀ ਅਪਰੰਪਰਾ॥੫॥੧॥੩॥	ਅਪ-ਰੰਪਰਾ	Naanak Paeianpai Maeree Aas Pooree Milae Suaamee Aparanparaa ||5||1||3||	Prays Nanak, my hopes are fulfilled; my Lord and Master is unlimited. ||5||1||3||	ਨਾਨਕ ਬੇਨਤੀ ਕਰਦਾ ਹੈ-ਮੈਨੂੰ ਬੇਅੰਤ ਮਾਲਕ-ਪ੍ਰਭੂ ਮਿਲ ਪਿਆ ਹੈ, ਮੇਰੀ ਹਰੇਕ ਆਸ ਪੂਰੀ ਹੋ ਗਈ ਹੈ ॥੫॥੧॥੩॥
36144	847	ਬਿਲਾਵਲੁ ਮਹਲਾ ੫ ਛੰਤ ਮੰਗਲ		Bilaaval Mehalaa 5 Shhanth Mangala	Bilaaval, Fifth Mehl, Chhant, Mangal ~ The Song Of Joy:	ਰਾਗ ਬਿਲਾਵਲੁ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ-ਮੰਗਲ'।
36145	847	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
36146	847	ਸਲੋਕੁ॥		Salok ||	Shalok:	ਸਲੋਕ
36147	847	ਸੁੰਦਰ ਸਾਂਤਿ ਦਇਆਲ ਪ੍ਰਭ ਸਰਬ ਸੁਖਾ ਨਿਧਿ ਪੀਉ॥		Sundhar Saanth Dhaeiaal Prabh Sarab Sukhaa Nidhh Peeo ||	God is beautiful, tranquil and merciful; He is the treasure of absolute peace, my Husband Lord.	ਹੇ ਨਾਨਕ! ਪ੍ਰਭੂ-ਪਤੀ ਸੋਹਣਾ ਹੈ ਸ਼ਾਂਤੀ-ਰੂਪ ਹੈ, ਦਇਆ ਦਾ ਸੋਮਾ ਹੈ ਅਤੇ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ।
36148	848	ਸੁਖਸਾਗਰ ਪ੍ਰਭ ਭੇਟਿਐ ਨਾਨਕ ਸੁਖੀ ਹੋਤ ਇਹੁ ਜੀਉ॥੧॥		Sukh Saagar Prabh Bhaettiai Naanak Sukhee Hoth Eihu Jeeo ||1||	Meeting with God, the Ocean of Peace, O Nanak, this soul becomes happy. ||1||	ਜੇ ਉਹ ਸੁਖਾਂ ਦਾ ਸਮੁੰਦਰ ਪ੍ਰਭੂ ਮਿਲ ਪਏ, ਤਾਂ ਇਹ ਜਿੰਦ ਸੁਖੀ ਹੋ ਜਾਂਦੀ ਹੈ ॥੧॥
36149	848	ਛੰਤ॥		Shhanth ||	Chhant:	ਛੰਤ

36150	848	ਸੁਖਸਾਗਰ ਪ੍ਰਭੁ ਪਾਈਐ ਜਬ ਹੋਵੈ ਭਾਗੋ ਰਾਮ॥		Sukh Saagar Prabh Paaeeai Jab Hovai Bhaago Raam ||	One finds God, the Ocean of Peace, when destiny is activated.	ਹੇ ਮਾਣ ਮੱਤੀ ਜੀਵ-ਇਸਤ੍ਰੀਏ! ਜਦੋਂ (ਮੱਥੇ ਦਾ) ਭਾਗ ਜਾਗਦਾ ਹੈ ਤਦੋਂ ਸੁਖਾਂ ਦਾ ਸਮੁੰਦਰ ਪ੍ਰਭੂ ਮਿਲ ਪੈਂਦਾ ਹੈ।
36151	848	ਮਾਨਨਿ ਮਾਨੁ ਵਞਾਈਐ ਹਰਿ ਚਰਣੀ ਲਾਗੋ ਰਾਮ॥	(ਮਾਨਨਿ)ਮਾਣ ਭਰੀ ਇਸਤ੍ਰੀ	Maanan Maan Vanjaaeeai Har Charanee Laago Raam ||	Abandoning the distinctions of honor and dishonor, grasp the Feet of the Lord.	(ਪਰ ਉਸ ਨੂੰ ਮਿਲਣ ਲਈ ਆਪਣੇ ਅੰਦਰੋਂ) ਅਹੰਕਾਰ ਦੂਰ ਕਰ ਦੇਣਾ ਚਾਹੀਦਾ ਹੈ। ਹੇ ਜੀਵ-ਇਸਤ੍ਰੀ! (ਮਾਣ ਤਿਆਗ ਕੇ) ਪ੍ਰਭੂ ਦੇ ਚਰਨਾਂ ਵਿਚ ਜੁੜੀ ਰਹੁ।
36152	848	ਛੋਡਿ ਸਿਆਨਪ ਚਾਤੁਰੀ ਦੁਰਮਤਿ ਬੁਧਿ ਤਿਆਗੋ ਰਾਮ॥		Shhodd Siaanap Chaathuree Dhuramath Budhh Thiaago Raam ||	Renounce cleverness and trickery, and forsake your evil-minded intellect.	ਸਿਆਣਪ ਚਤੁਰਾਈ ਛੱਡ ਦੇਹ, ਖੋਟੀ ਮਤਿ-ਬੁਧਿ (ਆਪਣੇ ਅੰਦਰੋਂ) ਦੂਰ ਕਰ।
36153	848	ਨਾਨਕ ਪਉ ਸਰਣਾਈ ਰਾਮਰਾਇ ਥਿਰੁ ਹੋਇ ਸੁਹਾਗੋ ਰਾਮ॥੧॥		Naanak Po Saranaaee Raam Raae Thhir Hoe Suhaago Raam ||1||	O Nanak, seek the Sanctuary of the Sovereign Lord, Your King, and your marriage will be permanent and stable. ||1||	ਹੇ ਨਾਨਕ! (ਆਖ-ਹੇ ਜੀਵ-ਇਸਤ੍ਰੀ!) ਪ੍ਰਭੂ-ਪਾਤਿਸ਼ਾਹ ਦੀ ਸਰਨ ਪਈ ਰਹੁ, (ਤਾਂ ਹੀ ਤੇਰੇ ਸਿਰ ਉੱਤੇ ਤੇਰੇ ਸਿਰ ਦਾ) ਖਸਮ ਸਦਾ ਲਈ ਟਿਕਿਆ ਰਹੇਗਾ ॥੧॥

36154	848	ਸੋ ਪ੍ਰਭੁ ਤਜਿ ਕਤ ਲਾਗੀਐ ਜਿਸੁ ਬਿਨੁ ਮਰਿ ਜਾਈਐ ਰਾਮ॥		So Prabh Thaj Kath Laageeai Jis Bin Mar Jaaeeai Raam ||	Why forsake God, and attach yourself to another? Without the Lord, you cannot even live.	ਹੇ ਭਾਈ! ਜਿਸ (ਪਰਮਾਤਮਾ ਦੀ ਯਾਦ) ਤੋਂ ਬਿਨਾ ਆਤਮਕ ਮੌਤ ਸਹੇੜ ਲਈਦੀ ਹੈ, ਉਸ ਨੂੰ ਭੁਲਾ ਕੇ ਕਿਸੇ ਭੀ ਹੋਰ ਥਾਂ ਪਰਚਣਾ ਨਹੀਂ ਚਾਹੀਦਾ।
36155	848	ਲਾਜ ਨ ਆਵੈ ਅਗਿਆਨ ਮਤੀ ਦੁਰਜਨ ਬਿਰਮਾਈਐ ਰਾਮ॥	(ਦੁਰਜਨ)ਖੋਟੇ ਪੁਰਖਾਂ ਨਾਲ। (ਬਿਰਮਾਈਐ)ਪਰਚਦ ਾ ਹੈ	Laaj N Aavai Agiaan Mathee Dhurajan Biramaaeeai Raam ||	The ignorant fool does not feel any shame; the evil man wanders around deluded.	ਪਰ ਜਿਸ ਮਨੁੱਖ ਦੀ ਮਤਿ ਆਤਮਕ ਜੀਵਨ ਵਲੋਂ ਕੋਰੀ ਹੈ (ਪ੍ਰਭੂ ਦੀ ਯਾਦ ਭੁਲਾ ਕੇ) ਉਸ ਨੂੰ ਸ਼ਰਮ ਨਹੀਂ ਆਉਂਦੀ, ਉਹ ਮਨੁੱਖ ਭੈੜੇ ਬੰਦਿਆਂ ਵਿਚ ਪਰਚਿਆ ਰਹਿੰਦਾ ਹੈ।
36156	848	ਪਤਿਤ ਪਾਵਨ ਪ੍ਰਭੁ ਤਿਆਗਿ ਕਰੇ ਕਹੁ ਕਤ ਠਹਰਾਈਐ ਰਾਮ॥		Pathith Paavan Prabh Thiaag Karae Kahu Kath Theharaaeeai Raam ||	God is the Purifier of sinners; if he forsakes God, tell me, where he can find a place of rest?	ਹੇ ਭਾਈ! ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲੇ ਪ੍ਰਭੂ ਨੂੰ ਭੁਲਾ ਕੇ ਹੋਰ ਕਿਥੇ ਸ਼ਾਂਤੀ ਆ ਸਕਦੀ ਹੈ?
36157	848	ਨਾਨਕ ਭਗਤਿ ਭਾਉ ਕਰਿ ਦਇਆਲ ਕੀ ਜੀਵਨਪਦੁ ਪਾਈਐ ਰਾਮ॥੨॥		Naanak Bhagath Bhaao Kar Dhaeiaal Kee Jeevan Padh Paaeeai Raam ||2||	O Nanak, by loving devotional worship of the Merciful Lord, he attains the state of eternal life. ||2||	ਹੇ ਨਾਨਕ! ਪ੍ਰਭੂ ਨਾਲ ਪਿਆਰ ਪਾਈ ਰੱਖ (ਇਸ ਤਰ੍ਹਾਂ) ਆਤਮਕ ਜੀਵਨ ਵਾਲਾ (ਉੱਚਾ) ਦਰਜਾ ਮਿਲ ਜਾਂਦਾ ਹੈ ॥੨॥

36158	848	ਸ੍ਰੀ ਗੋਪਾਲੁ ਨ ਉਚਰਹਿ ਬਲਿ ਗਈਏ ਦੁਹਚਾਰਣਿ ਰਸਨਾ ਰਾਮ॥	(ਦੁਹ-ਚਾਰਣਿ)ਖੋਟੇ ਚਾਲ ਚਲਣ ਵਾਲੀ। ਉੱਚਰ-ਹਿ	Sree Gopaal N Oucharehi Bal Geeeae Dhuhachaaran Rasanaa Raam ||	May that vicious tongue that does not chant the Name of the Great Lord of the World, be burnt.	ਹੇ (ਨਿੰਦਾ-ਈਰਖਾ ਦੀ ਅੱਗ ਵਿਚ) ਸੜ ਰਹੀਏ! (ਨਿੰਦਾ ਕਰਨ ਦੇ) ਮੰਦੇ ਕੰਮ ਵਿਚ ਰੁੱਝੀ ਹੋਈ ਹੇ ਜੀਭ! ਤੂੰ ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ (ਦਾ ਨਾਮ) ਯਾਦ ਨਹੀਂ ਕਰਦੀ।
36159	848	ਪ੍ਰਭੁ ਭਗਤਿ ਵਛਲੁ ਨਹ ਸੇਵਹੀ ਕਾਇਆ ਕਾਕ ਗ੍ਰਸਨਾ ਰਾਮ॥	ਕਾਲ, ਕਤਲ,ਔਗੁਣ,ਵਿਕਾਰ ਕਾਵਾਂ ਨੇ (ਗ੍ਰਸਨਾ) ਕੀਤੀ	Prabh Bhagath Vashhal Neh Saevehee Kaaeiaa Kaak Grasanaa Raam ||	One who does not serve God, the Lover of His devotees, shall have his body eaten by crows.	ਹੇ ਜਿੰਦੇ! ਜਿਹੜਾ ਪ੍ਰਭੂ ਭਗਤੀ ਨਾਲ ਪਿਆਰ ਕਰਨ ਵਾਲਾ ਹੈ, ਤੂੰ ਉਸ ਦੀ ਸੇਵਾ-ਭਗਤੀ ਨਹੀਂ ਕਰਦੀ, (ਤੇਰੇ ਇਸ) ਸਰੀਰ ਨੂੰ (ਕਾਮਾਦਿਕ) ਕਾਂ (ਅੰਦਰੇ ਅੰਦਰ) ਖਾਈ ਜਾ ਰਹੇ ਹਨ।
36160	848	ਭ੍ਰਮਿ ਮੋਹੀ ਦੂਖ ਨ ਜਾਣਹੀ ਕੋਟਿ ਜੋਨੀ ਬਸਨਾ ਰਾਮ॥		Bhram Mohee Dhookh N Jaanehee Kott Jonee Basanaa Raam ||	Enticed by doubt, he does not understand the pain it brings; he wanders through millions of incarnations.	ਹੇ ਜਿੰਦੇ! ਭਟਕਣਾ ਦੇ ਕਾਰਨ ਤੂੰ (ਆਤਮਕ ਸਰਮਾਇਆ) ਲੁਟਾਈ ਜਾ ਰਹੀ ਹੈਂ, (ਨਾਮ ਭੁਲਾ ਕੇ) ਕ੍ਰੋੜਾਂ ਜੂਨਾਂ ਵਿਚ ਪੈਣਾ ਪੈਂਦਾ ਹੈ, ਤੂੰ ਇਹਨਾਂ ਦੁੱਖਾਂ ਨੂੰ ਨਹੀਂ ਸਮਝਦੀ!
36161	848	ਨਾਨਕ ਬਿਨੁ ਹਰਿ ਅਵਰੁ ਜਿ ਚਾਹਨਾ ਬਿਸਟਾ ਕ੍ਰਿਮ ਭਸਮਾ ਰਾਮ॥੩॥		Naanak Bin Har Avar J Chaahanaa Bisattaa Kiram Bhasamaa Raam ||3||	O Nanak, if you desire anything other than the Lord, you shall be consumed, like a maggot in manure. ||3||	ਹੇ ਨਾਨਕ! (ਆਖ-ਹੇ ਜਿੰਦੇ!) ਪਰਮਾਤਮਾ ਤੋਂ ਬਿਨਾ ਜਿਹੜਾ ਕਿਸੇ ਹੋਰ ਨੂੰ ਪਿਆਰ ਕਰਦੇ ਰਹਿਣਾ ਹੈ, (ਇਸ ਤਰ੍ਹਾਂ) ਗੂੰਹ ਦੇ ਕੀੜੇ ਵਾਂਗ (ਵਿਕਾਰਾਂ ਦੇ ਗੰਦ ਵਿਚ ਪਏ ਰਹਿ ਕੇ) ਆਤਮਕ ਜੀਵਨ (ਸੜ ਕੇ) ਸੁਆਹ ਹੋ ਜਾਂਦਾ ਹੈ ॥੩॥

36162	848	ਲਾਇ ਬਿਰਹੁ ਭਗਵੰਤ ਸੰਗੇ ਹੋਇ ਮਿਲੁ ਬੈਰਾਗਨਿ ਰਾਮ॥		Laae Birahu Bhagavanth Sangae Hoe Mil Bairaagan Raam ||	Embrace love for the Lord God, and in detachment, unite with Him.	ਹੇ ਸਹੇਲੀਏ! ਭਗਵਾਨ ਨਾਲ ਪ੍ਰੀਤ ਬਣਾਈ ਰੱਖ। (ਦੁਨੀਆ ਦੇ ਪਦਾਰਥਾਂ ਵਲੋਂ) ਵੈਰਾਗਣ ਹੋ ਕੇ (ਮੋਹ ਤੋੜ ਕੇ ਪ੍ਰਭੂ ਦੇ ਚਰਨਾਂ ਵਿਚ) ਜੁੜੀ ਰਹੁ।
36163	848	ਚੰਦਨ ਚੀਰ ਸੁਗੰਧ ਰਸਾ ਹਉਮੈ ਬਿਖੁ ਤਿਆਗਨਿ ਰਾਮ॥		Chandhan Cheer Sugandhh Rasaa Houmai Bikh Thiaagan Raam ||	Give up your sandalwood oil, expensive clothes, perfumes, tasty flavors and the poison of egotism.	(ਜਿਹੜੀਆਂ ਜੀਵ-ਇਸਤ੍ਰੀਆਂ ਪ੍ਰਭੂ-ਚਰਨਾਂ ਵਿਚ ਜੁੜੀਆਂ ਰਹਿੰਦੀਆਂ ਹਨ, ਉਹ) ਚੰਦਨ, ਸੋਹਣੇ ਕੱਪੜੇ, ਸੁਗੰਧੀਆਂ, ਸੁਆਦਲੇ ਭੋਜਨ (ਆਦਿਕ ਤੋਂ ਪੈਦਾ ਹੋਣ ਵਾਲੀ) ਆਤਮਕ ਮੌਤ ਲਿਆਉਣ ਵਾਲੀ ਹਉਮੈ ਜ਼ਹਿਰ ਨੂੰ ਤਿਆਗ ਦੇਂਦੀਆਂ ਹਨ।
36164	848	ਈਤ ਊਤ ਨਹ ਡੋਲੀਐ ਹਰਿ ਸੇਵਾ ਜਾਗਨਿ ਰਾਮ॥		Eeth Ooth Neh Ddoleeai Har Saevaa Jaagan Raam ||	Do not waver this way or that, but remain wakeful in the service of the Lord.	(ਹੇ ਸਹੇਲੀਏ! ਇਹਨਾਂ ਰਸਾਂ ਦੀ ਖ਼ਾਤਰ) ਇਧਰ ਉਧਰ ਡੋਲਣਾ ਨਹੀਂ ਚਾਹੀਦਾ ਹੈ, (ਪਰ ਇਹਨਾਂ ਵਲੋਂ) ਉਹੀ ਸੁਚੇਤ ਰਹਿੰਦੀਆਂ ਹਨ ਜਿਹੜੀਆਂ ਪ੍ਰਭੂ ਦੀ ਸੇਵਾ-ਭਗਤੀ ਵਿਚ ਲੀਨ ਰਹਿੰਦੀਆਂ ਹਨ।

36165	848	ਨਾਨਕ ਜਿਨਿ ਪ੍ਰਭੁ ਪਾਇਆ ਆਪਣਾ ਸਾ ਅਟਲ ਸੁਹਾਗਨਿ ਰਾਮ॥੪॥੧॥੪॥	ਅ-ਟਲ	Naanak Jin Prabh Paaeiaa Aapanaa Saa Attal Suhaagan Raam ||4||1||4||	O Nanak, she who has obtained her God, is a happy soul-bride forever. ||4||1||4||	ਹੇ ਨਾਨਕ! ਜਿਸ (ਜੀਵ-ਇਸਤ੍ਰੀ) ਨੇ ਆਪਣੇ ਪ੍ਰਭੂ (ਦਾ ਮਿਲਾਪ) ਹਾਸਲ ਕਰ ਲਿਆ, ਉਹ ਸਦਾ ਲਈ ਖਸਮ ਵਾਲੀ ਹੋ ਜਾਂਦੀ ਹੈ ॥੪॥੧॥੪॥
36166	848	ਬਿਲਾਵਲੁ ਮਹਲਾ ੫॥		Bilaaval Mehalaa 5 ||	Bilaaval, Fifth Mehl:	
36167	848	ਹਰਿ ਖੋਜਹੁ ਵਡਭਾਗੀਹੋ ਮਿਲਿ ਸਾਧੂਸੰਗੇ ਰਾਮ॥		Har Khojahu Vaddabhaageeho Mil Saadhhoo Sangae Raam ||	Seek the Lord, O fortunate ones, and join the Saadh Sangat, the Company of the Holy.	ਹੇ ਵੱਡੇ ਭਾਗਾਂ ਵਾਲਿਓ! ਗੁਰੂ ਦੀ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੀ ਭਾਲ ਕਰਦੇ ਰਹੋ।
36168	848	ਗੁਨ ਗੋਵਿਦ ਸਦ ਗਾਈਅਹਿ ਪਾਰਬ੍ਰਹਮ ਕੈ ਰੰਗੇ ਰਾਮ॥		Gun Govidh Sadh Gaaeeahi Paarabreham Kai Rangae Raam ||	Sing the Glorious Praises of the Lord of the Universe forever, imbued with the Love of the Supreme Lord God.	ਹੇ ਭਾਈ! ਪਰਮਾਤਮਾ ਦੇ ਪਿਆਰ-ਰੰਗ ਵਿਚ (ਟਿਕ ਕੇ) ਉਸ ਦੇ ਗੁਣ ਗਾਏ ਜਾਣੇ ਚਾਹੀਦੇ ਹਨ।
36169	848	ਸੋ ਪ੍ਰਭੁ ਸਦ ਹੀ ਸੇਵੀਐ ਪਾਈਅਹਿ ਫਲ ਮੰਗੇ ਰਾਮ॥		So Prabh Sadh Hee Saeveeai Paaeeahi Fal Mangae Raam ||	Serving God forever, you shall obtain the fruitful rewards you desire.	ਹੇ ਭਾਈ! ਸਦਾ ਹੀ ਉਸ ਪ੍ਰਭੂ ਦੀ ਸੇਵਾ-ਭਗਤੀ ਕਰਨੀ ਚਾਹੀਦੀ ਹੈ (ਉਸ ਦੀ ਭਗਤੀ ਦੀ ਬਰਕਤ ਨਾਲ) ਮੂੰਹ-ਮੰਗੇ ਫਲ ਮਿਲ ਜਾਂਦੇ ਹਨ।

36170	848	ਨਾਨਕ ਪ੍ਰਭ ਸਰਣਾਗਤੀ ਜਪਿ ਅਨਤ ਤਰੰਗੇ ਰਾਮ॥੧॥	ਸਰ-ਣਾਗਤੀ	Naanak Prabh Saranaagathee Jap Anath Tharangae Raam ||1||	O Nanak, seek the Sanctuary of God; meditate on the Lord, and ride the many waves of the mind. ||1||	ਹੇ ਨਾਨਕ! (ਸਦਾ) ਪਰਮਾਤਮਾ ਦੀ ਸਰਨ ਪਿਆ ਰਹੁ, ਉਸ ਅਨੇਕਾਂ ਲਹਿਰਾਂ ਦੇ ਮਾਲਕ ਪ੍ਰਭੂ ਦਾ ਨਾਮ ਜਪਿਆ ਕਰ ॥੧॥
36171	848	ਇਕੁ ਤਿਲੁ ਪ੍ਰਭੂ ਨ ਵੀਸਰੈ ਜਿਨਿ ਸਭੁ ਕਿਛੁ ਦੀਨਾ ਰਾਮ॥		Eik Thil Prabhoo N Veesarai Jin Sabh Kishh Dheenaa Raam ||	I shall not forget God, even for an instant; He has blessed me with everything.	ਹੇ ਭਾਈ! ਜਿਸ (ਪ੍ਰਭੂ) ਨੇ ਹਰੇਕ ਪਦਾਰਥ ਦਿੱਤਾ ਹੈ, ਉਸ ਨੂੰ ਰਤਾ ਭਰ ਸਮੇ ਲਈ ਭੀ ਭੁੱਲਣਾ ਨਹੀਂ ਚਾਹੀਦਾ।
36172	848	ਵਡਭਾਗੀ ਮੇਲਾਵੜਾ ਗੁਰਮੁਖਿ ਪਿਰੁ ਚੀਨ੍ਹਾ ਰਾਮ॥		Vaddabhaagee Maelaavarraa Guramukh Pir Cheenhaa Raam ||	By great good fortune, I have met Him; as Gurmukh, I contemplate my Husband Lord.	(ਪਰ ਉਸ ਨਾਲ) ਮਿਲਾਪ ਵੱਡੇ ਭਾਗਾਂ ਨਾਲ ਹੀ ਹੁੰਦਾ ਹੈ। ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਉਸ ਪ੍ਰਭੂ-ਪਤੀ ਨਾਲ ਡੂੰਘੀ ਸਾਂਝ ਪਾਂਦਾ ਹੈ।
36173	848	ਬਾਹ ਪਕੜਿ ਤਮ ਤੇ ਕਾਢਿਆ ਕਰਿ ਅਪੁਨਾ ਲੀਨਾ ਰਾਮ॥		Baah Pakarr Tham Thae Kaadtiaa Kar Apunaa Leenaa Raam ||	Holding me by the arm, He has lifted me up and pulled me out of the darkness, and made me His own.	(ਸਾਂਝ ਪਾਣ ਵਾਲੇ ਦੀ) ਬਾਂਹ ਫੜ ਕੇ (ਉਸ ਨੂੰ ਮਾਇਆ ਦੇ ਮੋਹ ਦੇ) ਹਨੇਰੇ ਵਿਚੋਂ ਕੱਢ ਲੈਂਦਾ ਹੈ, ਅਤੇ ਉਸ ਨੂੰ ਆਪਣਾ ਬਣਾ ਲੈਂਦਾ ਹੈ।

36174	848	ਨਾਮੁ ਜਪਤ ਨਾਨਕ ਜੀਵੈ ਸੀਤਲੁ ਮਨੁ ਸੀਨਾ ਰਾਮ॥੨॥		Naam Japath Naanak Jeevai Seethal Man Seenaa Raam ||2||	Chanting the Naam, the Name of the Lord, Nanak lives; his mind and heart are cooled and soothed. ||2||	ਹੇ ਨਾਨਕ! (ਪਰਮਾਤਮਾ ਦਾ) ਨਾਮ ਜਪਦਿਆਂ (ਮਨੁੱਖ) ਆਤਮਕ ਜੀਵਨ ਹਾਸਲ ਕਰ ਲੈਂਦਾ ਹੈ, (ਨਾਮ ਜਪਣ ਵਾਲੇ ਦਾ) ਮਨ ਹਿਰਦਾ ਠੰਢਾ-ਠਾਰ ਰਹਿੰਦਾ ਹੈ ॥੨॥
36175	848	ਕਿਆ ਗੁਣ ਤੇਰੇ ਕਹਿ ਸਕਉ ਪ੍ਰਭ ਅੰਤਰਜਾਮੀ ਰਾਮ॥		Kiaa Gun Thaerae Kehi Sako Prabh Antharajaamee Raam ||	What virtues of Yours can I speak, O God, O Searcher of hearts?	ਹੇ ਪ੍ਰਭੂ! ਤੂੰ ਸਭ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਹੈਂ। ਮੈਂ ਤੇਰੇ ਕਿਹੜੇ ਕਿਹੜੇ ਗੁਣ ਦੱਸ ਸਕਦਾ ਹਾਂ?
36176	848	ਸਿਮਰਿ ਸਿਮਰਿ ਨਾਰਾਇਣੈ ਭਏ ਪਾਰਗਰਾਮੀ ਰਾਮ॥	ਪਾਰ–ਗਰਾਮੀ	Simar Simar Naaraaeinai Bheae Paaragaraamee Raam ||	Meditating, meditating in remembrance on the Lord, I have crossed over to the other shore.	ਹੇ ਭਾਈ! ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਜੀਵ ਸੰਸਾਰ-ਸਮੁੰਦਰ ਤੋਂ ਪਾਰ ਲੰਘਣ-ਜੋਗੇ ਹੋ ਜਾਂਦੇ ਹਨ।
36177	848	ਗੁਨ ਗਾਵਤ ਗੋਵਿੰਦ ਕੇ ਸਭ ਇਛ ਪੁਜਾਮੀ ਰਾਮ॥		Gun Gaavath Govindh Kae Sabh Eishh Pujaamee Raam ||	Singing the Glorious Praises of the Lord of the Universe, all my desires are fulfilled.	ਪਰਮਾਤਮਾ ਦੇ ਗੁਣ ਗਾਂਦਿਆਂ ਸਾਰੀਆਂ ਇੱਛਾਂ ਪੂਰੀਆਂ ਹੋ ਜਾਂਦੀਆਂ ਹਨ।
36178	848	ਨਾਨਕ ਉਧਰੇ ਜਪਿ ਹਰੇ ਸਭਹੂ ਕਾ ਸੁਆਮੀ ਰਾਮ॥੩॥		Naanak Oudhharae Jap Harae Sabhehoo Kaa Suaamee Raam ||3||	Nanak is saved, meditating on the Lord, the Lord and Master of all. ||3||	ਹੇ ਨਾਨਕ! ਜਿਹੜਾ ਪਰਮਾਤਮਾ ਸਭ ਜੀਵਾਂ ਦਾ ਮਾਲਕ ਹੈ, ਉਸ ਦਾ ਨਾਮ ਜਪ ਕੇ ਜੀਵ ਵਿਕਾਰਾਂ ਤੋਂ ਬਚ ਜਾਂਦੇ ਹਨ ॥੩॥

36179	848	ਰਸ ਭਿੰਨਿਅੜੇ ਅਪੁਨੇ ਰਾਮ ਸੰਗੇ ਸੇ ਲੋਇਣ ਨੀਕੇ ਰਾਮ॥		Ras Bhinniarrae Apunae Raam Sangae Sae Loein Neekae Raam ||	Sublime are those eyes, which are drenched with the Love of the Lord.	ਹੇ ਭਾਈ! ਉਹ ਅੱਖਾਂ ਹੀ ਸੋਹਣੀਆਂ ਹਨ, ਜਿਹੜੀਆਂ ਪਰਮਾਤਮਾ ਦੇ ਨਾਮ-ਰਸ ਨਾਲ ਭਿੱਜੀਆਂ ਰਹਿੰਦੀਆਂ ਹਨ।
36180	848	ਪ੍ਰਭ ਪੇਖਤ ਇਛਾ ਪੁੰਨੀਆ ਮਿਲਿ ਸਾਜਨ ਜੀ ਕੇ ਰਾਮ॥		Prabh Paekhath Eishhaa Punneeaa Mil Saajan Jee Kae Raam ||	Gazing upon God, my desires are fulfilled; I have met the Lord, the Friend of my soul.	ਹੇ ਭਾਈ! ਜਿੰਦ ਦੇ ਸੱਜਣ ਪ੍ਰਭੂ ਨੂੰ ਮਿਲ ਕੇ ਪ੍ਰਭੂ ਦਾ ਦਰਸਨ ਕਰਦਿਆਂ ਹਰੇਕ ਇੱਛਾ ਪੂਰੀ ਹੋ ਜਾਂਦੀ ਹੈ।
36181	848	ਅੰਮ੍ਰਿਤ ਰਸੁ ਹਰਿ ਪਾਇਆ ਬਿਖਿਆ ਰਸ ਫੀਕੇ ਰਾਮ॥		Anmrith Ras Har Paaeiaa Bikhiaa Ras Feekae Raam ||	I have obtained the Ambrosial Nectar of the Lord's Love, and now the taste of corruption is insipid and tasteless to me.	ਜਿਸ ਮਨੁੱਖ ਨੇ ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪ੍ਰਾਪਤ ਕਰ ਲਿਆ, ਉਸ ਨੂੰ ਮਾਇਆ ਦੇ ਸਾਰੇ ਸੁਆਦ ਫਿੱਕੇ ਜਾਪਦੇ ਹਨ।
36182	848	ਨਾਨਕ ਜਲੁ ਜਲਹਿ ਸਮਾਇਆ ਜੋਤੀ ਜੋਤਿ ਮੀਕੇ ਰਾਮ॥੪॥੨॥੫॥੯॥		Naanak Jal Jalehi Samaaeiaa Jothee Joth Meekae Raam ||4||2||5||9||	O Nanak, as water mingles with water, my light has merged into the Light. ||4||2||5||9||	ਹੇ ਨਾਨਕ! (ਨਾਮ-ਰਸ ਪ੍ਰਾਪਤ ਕਰ ਲੈਣ ਵਾਲੇ ਦੀ) ਜਿੰਦ ਪਰਮਾਤਮਾ ਦੀ ਜੋਤਿ ਵਿਚ (ਇਉਂ) ਇਕ-ਮਿਕ ਹੋ ਜਾਂਦੀ ਹੈ, (ਜਿਵੇਂ) ਪਾਣੀ ਪਾਣੀ ਵਿਚ ਰਲ ਜਾਂਦਾ ਹੈ ॥੪॥੨॥੫॥੯॥

36183	849	ਬਿਲਾਵਲ ਕੀ ਵਾਰ ਮਹਲਾ ੪		Bilaaval Kee Vaar Mehalaa 4	Vaar Of Bilaaval, Fourth Mehl:	ਰਾਗ ਬਿਲਾਵਲੁ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਵਾਰ'।
36184	849	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
36185	849	ਸਲੋਕ ਮਃ ੪॥		Salok Ma 4 ||	Shalok, Fourth Mehl:	
36186	849	ਹਰਿ ਉਤਮੁ ਹਰਿ ਪ੍ਰਭੁ ਗਾਵਿਆ ਕਰਿ ਨਾਦੁ ਬਿਲਾਵਲੁ ਰਾਗੁ॥		Har Outham Har Prabh Gaaviaa Kar Naadh Bilaaval Raag ||	I sing of the sublime Lord, the Lord God, in the melody of Raag Bilaaval.	ਹੇ ਭਾਈ! ਉਸ ਮਨੁੱਖ ਨੇ ਗੁਰੂ ਦਾ ਸ਼ਬਦ-ਰੂਪ ਬਿਲਾਵਲ ਰਾਗ ਉਚਾਰ ਕੇ ਸਭ ਤੋਂ ਸ੍ਰੇਸ਼ਟ ਪਰਮਾਤਮਾ ਦੇ ਗੁਣ ਗਾਏ ਹਨ,
36187	849	ਉਪਦੇਸੁ ਗੁਰੂ ਸੁਣਿ ਮੰਨਿਆ ਧੁਰਿ ਮਸਤਕਿ ਪੂਰਾ ਭਾਗੁ॥		Oupadhaes Guroo Sun Manniaa Dhhur Masathak Pooraa Bhaag ||	Hearing the Guru's Teachings, I obey them; this is the pre-ordained destiny written upon my forehead.	ਜਿਸ ਦੇ ਮੱਥੇ ਉਤੇ (ਪਿਛਲੇ ਕੀਤੇ ਕਰਮਾਂ ਅਨੁਸਾਰ) ਧੁਰ ਤੋਂ ਹੀ ਪੂਰਨ ਭਾਗ ਹੈ, (ਜਿਸ ਦੇ ਹਿਰਦੇ ਵਿਚ ਪੂਰਨ ਭਲੇ ਸੰਸਕਾਰਾਂ ਦਾ ਲੇਖ ਉੱਘੜਦਾ ਹੈ) ਉਸ ਨੇ ਸਤਿਗੁਰੂ ਦਾ ਉਪਦੇਸ਼ ਸੁਣ ਕੇ ਹਿਰਦੇ ਵਿਚ ਵਸਾਇਆ ਹੈ।
36188	849	ਸਭ ਦਿਨਸੁ ਰੈਣਿ ਗੁਣ ਉਚਰੈ ਹਰਿ ਹਰਿ ਹਰਿ ਉਰਿ ਲਿਵ ਲਾਗੁ॥		Sabh Dhinas Rain Gun Oucharai Har Har Har Our Liv Laag ||	All day and night, I chant the Glorious Praises of the Lord, Har, Har, Har; within my heart, I am lovingly attuned to Him.	ਉਹ ਮਨੁੱਖ ਸਾਰਾ ਦਿਨ ਤੇ ਸਾਰੀ ਰਾਤ (ਅੱਠੇ ਪਹਿਰ) ਪਰਮਾਤਮਾ ਦੇ ਗੁਣ ਗਾਂਦਾ ਹੈ (ਕਿਉਂਕਿ ਉਸ ਦੇ) ਹਿਰਦੇ ਵਿਚ ਪਰਮਾਤਮਾ ਦੀ ਯਾਦ ਦੀ ਲਗਨ ਲੱਗੀ ਰਹਿੰਦੀ ਹੈ।

36189	849	ਸਭੁ ਤਨੁ ਮਨੁ ਹਰਿਆ ਹੋਇਆ ਮਨੁ ਖਿੜਿਆ ਹਰਿਆ ਬਾਗੁ॥		Sabh Than Man Hariaa Hoeiaa Man Khirriaa Hariaa Baag ||	My body and mind are totally rejuvenated, and the garden of my mind has blossomed forth in lush abundance.	ਉਸ ਦਾ ਸਾਰਾ ਤਨ ਸਾਰਾ ਮਨ ਹਰਾ-ਭਰਾ ਹੋ ਜਾਂਦਾ ਹੈ (ਆਤਮਕ ਜੀਵਨ ਦੇ ਰਸ ਨਾਲ ਭਰ ਜਾਂਦਾ ਹੈ), ਉਸ ਦਾ ਮਨ (ਇਉਂ) ਖਿੜ ਪੈਂਦਾ ਹੈ (ਜਿਵੇਂ) ਹਰਾ ਹੋਇਆ ਹੋਇਆ ਬਾਗ਼ ਹੈ।
36190	849	ਅਗਿਆਨੁ ਅੰਧੇਰਾ ਮਿਟਿ ਗਇਆ ਗੁਰ ਚਾਨਣੁ ਗਿਆਨੁ ਚਰਾਗੁ॥		Agiaan Andhhaeraa Mitt Gaeiaa Gur Chaanan Giaan Charaag ||	The darkness of ignorance has been dispelled, with the light of the lamp of the Guru's wisdom. Servant Nanak lives by beholding the Lord.	ਗੁਰੂ ਦੀ ਦਿੱਤੀ ਹੋਈ ਆਤਮਕ ਜੀਵਨ ਦੀ ਸੂਝ (ਉਸ ਦੇ ਅੰਦਰ, ਮਾਨੋ) ਦੀਵਾ ਰੌਸ਼ਨੀ ਕਰ ਦੇਂਦਾ ਹੈ (ਜਿਸ ਦੀ ਬਰਕਤ ਨਾਲ ਉਸ ਦੇ ਅੰਦਰੋਂ) ਆਤਮਕ ਜੀਵਨ ਵਲੋਂ ਬੇ-ਸਮਝੀ (ਦਾ) ਹਨੇਰਾ ਮਿਟ ਜਾਂਦਾ ਹੈ।
36191	849	ਜਨੁ ਨਾਨਕੁ ਜੀਵੈ ਦੇਖਿ ਹਰਿ ਇਕ ਨਿਮਖ ਘੜੀ ਮੁਖਿ ਲਾਗੁ॥੧॥		Jan Naanak Jeevai Dhaekh Har Eik Nimakh Gharree Mukh Laag ||1||	Let me behold Your face, for a moment, even an instant! ||1||	ਹੇ ਹਰੀ! (ਤੇਰਾ) ਦਾਸ ਨਾਨਕ (ਅਜੇਹੇ ਗੁਰਮੁਖਿ ਮਨੁੱਖ ਨੂੰ) ਵੇਖ ਕੇ ਆਤਮਕ ਜੀਵਨ ਹਾਸਲ ਕਰਦਾ ਹੈ (ਤੇ, ਚਾਹੁੰਦਾ ਹੈ ਕਿ) ਭਾਵੇਂ ਇਕ ਪਲ-ਭਰ ਹੀ ਉਸ ਦਾ ਦਰਸ਼ਨ ਹੋਵੇ ॥੧॥
36192	849	ਮਃ ੩॥		Ma 3 ||	Third Mehl:	
36193	849	ਬਿਲਾਵਲੁ ਤਬ ਹੀ ਕੀਜੀਐ ਜਬ ਮੁਖਿ ਹੋਵੈ ਨਾਮੁ॥		Bilaaval Thab Hee Keejeeai Jab Mukh Hovai Naam ||	Be happy and sing in Bilaaval, when the Naam, the Name of the Lord, is in your mouth.	ਹੇ ਭਾਈ! ਪੂਰਨ ਆਤਮਕ ਆਨੰਦ ਤਦੋਂ ਹੀ ਮਾਣਿਆ ਜਾ ਸਕਦਾ ਹੈ, ਜਦੋਂ ਪਰਮਾਤਮਾ ਦਾ ਨਾਮ (ਮਨੁੱਖ ਦੇ) ਮੂੰਹ ਵਿਚ ਟਿਕਦਾ ਹੈ।

36194	849	ਰਾਗ ਨਾਦ ਸਬਦਿ ਸੋਹਣੇ ਜਾ ਲਾਗੈ ਸਹਜਿ ਧਿਆਨੁ॥		Raag Naadh Sabadh Sohanae Jaa Laagai Sehaj Dhhiaan ||	The melody and music, and the Word of the Shabad are beautiful, when one focuses his meditation on the celestial Lord.	ਹੇ ਭਾਈ! ਰਾਗ ਤੇ ਨਾਦ (ਭੀ) ਗੁਰੂ ਦੇ ਸ਼ਬਦ ਦੀ ਰਾਹੀਂ ਤਦੋਂ ਹੀ ਸੋਹਣੇ ਲੱਗਦੇ ਹਨ ਜਦੋਂ (ਸ਼ਬਦ ਦੀ ਬਰਕਤ ਨਾਲ ਮਨੁੱਖ ਦੀ) ਸੁਰਤ ਆਤਮਕ ਅਡੋਲਤਾ ਵਿਚ ਟਿਕੀ ਰਹਿੰਦੀ ਹੈ।
36195	849	ਰਾਗ ਨਾਦ ਛੋਡਿ ਹਰਿ ਸੇਵੀਐ ਤਾ ਦਰਗਹ ਪਾਈਐ ਮਾਨੁ॥		Raag Naadh Shhodd Har Saeveeai Thaa Dharageh Paaeeai Maan ||	So leave behind the melody and music, and serve the Lord; then, you shall obtain honor in the Court of the Lord.	ਹੇ ਭਾਈ! (ਸੰਸਾਰਕ) ਰਾਗ ਰੰਗ (ਦਾ ਰਸ) ਛੱਡ ਕੇ ਪਰਮਾਤਮਾ ਦੀ ਭਗਤੀ ਕਰਨੀ ਚਾਹੀਦੀ ਹੈ, ਤਦੋਂ ਹੀ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਮਿਲਦਾ ਹੈ।
36196	849	ਨਾਨਕ ਗੁਰਮੁਖਿ ਬ੍ਰਹਮੁ ਬੀਚਾਰੀਐ ਚੂਕੈ ਮਨਿ ਅਭਿਮਾਨੁ॥੨॥		Naanak Guramukh Breham Beechaareeai Chookai Man Abhimaan ||2||	O Nanak, as Gurmukh, contemplate God, and rid your mind of egotistical pride. ||2||	ਹੇ ਨਾਨਕ! (ਆਖ-) ਜੇ ਗੁਰੂ ਦੇ ਸਨਮੁਖ ਹੋ ਕੇ ਪਰਮਾਤਮਾ ਦੀ ਯਾਦ ਮਨ ਵਿਚ ਟਿਕਾਈਏ, ਤਾਂ ਮਨ ਵਿਚ (ਟਿਕਿਆ ਹੋਇਆ) ਅਹੰਕਾਰ ਦੂਰ ਹੋ ਜਾਂਦਾ ਹੈ ॥੨॥
36197	849	ਪਉੜੀ॥		Pourree ||	Pauree:	
36198	849	ਤੂ ਹਰਿ ਪ੍ਰਭੁ ਆਪਿ ਅਗੰਮੁ ਹੈ ਸਭਿ ਤੁਧੁ ਉਪਾਇਆ॥		Thoo Har Prabh Aap Aganm Hai Sabh Thudhh Oupaaeiaa ||	O Lord God, You Yourself are inaccessible; You formed everything.	ਹੇ ਹਰੀ! ਤੂੰ ਆਪ ਹੀ (ਸਭ ਜੀਵਾਂ ਦਾ) ਮਾਲਕ ਹੈਂ, ਸਾਰੇ ਜੀਵ ਤੂੰ ਹੀ ਪੈਦਾ ਕੀਤੇ ਹੋਏ ਹਨ, ਪਰ ਤੂੰ ਜੀਵਾਂ ਦੀ ਪਹੁੰਚ ਤੋਂ ਪਰੇ ਹੈਂ।

36199	849	ਤੂ ਆਪੇ ਆਪਿ ਵਰਤਦਾ ਸਭੁ ਜਗਤੁ ਸਬਾਇਆ॥	ਜੱਗਤੁ	Thoo Aapae Aap Varathadhaa Sabh Jagath Sabaaeiaa ||	You Yourself are totally permeating and pervading the entire universe.	(ਇਹ ਜੋ) ਸਾਰਾ ਜਗਤ (ਦਿੱਸ ਰਿਹਾ) ਹੈ (ਇਸ ਵਿਚ ਹਰ ਥਾਂ) ਤੂੰ ਆਪ ਹੀ ਆਪ ਵਿਆਪਕ ਹੈਂ।
36200	849	ਤੁਧੁ ਆਪੇ ਤਾੜੀ ਲਾਈਐ ਆਪੇ ਗੁਣ ਗਾਇਆ॥		Thudhh Aapae Thaarree Laaeeai Aapae Gun Gaaeiaa ||	You Yourself are absorbed in the state of deep meditation; You Yourself sing Your Glorious Praises.	(ਸਾਰੇ ਜੀਵਾਂ ਵਿਚ ਵਿਆਪਕ ਹੋ ਕੇ) ਸਮਾਧੀ ਭੀ ਤੂੰ ਆਪ ਹੀ ਲਾ ਰਿਹਾ ਹੈਂ, ਤੇ (ਆਪਣੇ) ਗੁਣ ਭੀ ਤੂੰ ਆਪ ਹੀ ਗਾ ਰਿਹਾ ਹੈਂ।
36201	849	ਹਰਿ ਧਿਆਵਹੁ ਭਗਤਹੁ ਦਿਨਸੁ ਰਾਤਿ ਅੰਤਿ ਲਏ ਛਡਾਇਆ॥		Har Dhhiaavahu Bhagathahu Dhinas Raath Anth Leae Shhaddaaeiaa ||	Meditate on the Lord, O devotees, day and night; He shall deliver you in the end.	ਹੇ ਸੰਤ ਜਨੋ! ਦਿਨ ਰਾਤ (ਹਰ ਵੇਲੇ) ਪਰਮਾਤਮਾ ਦਾ ਧਿਆਨ ਧਰਿਆ ਕਰੋ, ਉਹ ਪਰਮਾਤਮਾ ਹੀ ਅੰਤ ਵਿਚ ਬਚਾਂਦਾ ਹੈ।
36202	849	ਜਿਨਿ ਸੇਵਿਆ ਤਿਨਿ ਸੁਖੁ ਪਾਇਆ ਹਰਿ ਨਾਮਿ ਸਮਾਇਆ॥੧॥		Jin Saeviaa Thin Sukh Paaeiaa Har Naam Samaaeiaa ||1||	Those who serve the Lord, find peace; they are absorbed in the Name of the Lord. ||1||	ਜਿਸ (ਭੀ) ਮਨੁੱਖ ਨੇ ਉਸ ਦੀ ਸੇਵਾ-ਭਗਤੀ ਕੀਤੀ, ਉਸ ਨੇ (ਹੀ) ਸੁਖ ਪ੍ਰਾਪਤ ਕੀਤਾ, (ਕਿਉਂਕਿ ਉਹ ਸਦਾ) ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ ॥੧॥
36203	849	ਸਲੋਕੁ ਮਃ ੩॥		Salok Ma 3 ||	Shalok, Third Mehl:	

36204	849	ਦੂਜੈ ਭਾਇ ਬਿਲਾਵਲੁ ਨ ਹੋਵਈ ਮਨਮੁਖਿ ਥਾਇ ਨ ਪਾਇ॥		Dhoojai Bhaae Bilaaval N Hovee Manamukh Thhaae N Paae ||	In the love of duality, the happiness of Bilaaval does not come; the self-willed manmukh finds no place of rest.	ਹੇ ਭਾਈ! ਮਾਇਆ ਦੇ ਮੋਹ ਵਿਚ (ਟਿਕੇ ਰਿਹਾਂ) ਆਤਮਕ ਆਨੰਦ ਨਹੀਂ ਮਿਲਦਾ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਪਰਮਾਤਮਾ ਦੀਆਂ ਨਿਗਾਹਾਂ ਵਿਚ) ਕਬੂਲ ਨਹੀਂ ਹੁੰਦਾ,
36205	849	ਪਾਖੰਡਿ ਭਗਤਿ ਨ ਹੋਵਈ ਪਾਰਬ੍ਰਹਮੁ ਨ ਪਾਇਆ ਜਾਇ॥		Paakhandd Bhagath N Hovee Paarabreham N Paaeiaa Jaae ||	Through hypocrisy, devotional worship does not come, and the Supreme Lord God is not found.	(ਕਿਉਂਕਿ) ਅੰਦਰੋਂ ਹੋਰ ਤੇ ਬਾਹਰੋਂ ਹੋਰ ਰਿਹਾਂ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ, ਇਸ ਤਰ੍ਹਾਂ ਪਰਮਾਤਮਾ ਨਹੀਂ ਮਿਲ ਸਕਦਾ।
36206	849	ਮਨ ਹਠਿ ਕਰਮ ਕਮਾਵਣੇ ਥਾਇ ਨ ਕੋਈ ਪਾਇ॥		Manehath Karam Kamaavanae Thhaae N Koee Paae ||	By stubborn-mindedly performing religious rituals, no one obtains the approval of the Lord.	(ਅੰਦਰ ਪ੍ਰਭੂ ਨਾਲ ਪਿਆਰ ਨਾਹ ਹੋਵੇ ਤਾਂ ਨਿਰੇ) ਮਨ ਦੇ ਹਠ ਨਾਲ ਕੀਤੇ ਕਰਮਾਂ ਦੀ ਰਾਹੀਂ ਕੋਈ ਮਨੁੱਖ (ਪਰਮਾਤਮਾ ਦੀ ਹਜ਼ੂਰੀ ਵਿਚ) ਪਰਵਾਨ ਨਹੀਂ ਹੁੰਦਾ।
36207	849	ਨਾਨਕ ਗੁਰਮੁਖਿ ਆਪੁ ਬੀਚਾਰੀਐ ਵਿਚਹੁ ਆਪੁ ਗਵਾਇ॥		Naanak Guramukh Aap Beechaareeai Vichahu Aap Gavaae ||	O Nanak, the Gurmukh understands himself, and eradicates self-conceit from within.	ਹੇ ਨਾਨਕ! (ਆਖ-ਹੇ ਭਾਈ!) ਅੰਦਰੋਂ ਆਪਾ-ਭਾਵ ਦੂਰ ਕਰ ਕੇ ਗੁਰੂ ਦੀ ਸਰਨ ਪੈ ਕੇ ਆਪਣਾ ਆਤਮਕ ਜੀਵਨ ਪੜਤਾਲਣਾ ਚਾਹੀਦਾ ਹੈ।

36208	849	ਆਪੇ ਆਪਿ ਪਾਰਬ੍ਰਹਮੁ ਹੈ ਪਾਰਬ੍ਰਹਮੁ ਵਸਿਆ ਮਨਿ ਆਇ॥		Aapae Aap Paarabreham Hai Paarabreham Vasiaa Man Aae ||	He Himself is the Supreme Lord God; the Supreme Lord God comes to dwell in his mind.	(ਇਸ ਤਰ੍ਹਾਂ ਉਹ) ਪਰਮਾਤਮਾ (ਜੋ ਹਰ ਥਾਂ) ਆਪ ਹੀ ਆਪ ਹੈ ਮਨ ਵਿਚ ਆ ਵੱਸਦਾ ਹੈ।
36209	849	ਜੰਮਣੁ ਮਰਣਾ ਕਟਿਆ ਜੋਤੀ ਜੋਤਿ ਮਿਲਾਇ॥੧॥		Janman Maranaa Kattiaa Jothee Joth Milaae ||1||	Birth and death are erased, and his light blends with the Light. ||1||	ਪਰਮਾਤਮਾ ਦੀ ਜੋਤਿ ਵਿਚ (ਆਪਣੀ) ਸੁਰਤ ਜੋੜਿਆਂ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ ॥੧॥
36210	849	ਮਃ ੩॥		Ma 3 ||	Third Mehl:	
36211	849	ਬਿਲਾਵਲੁ ਕਰਿਹੁ ਤੁਮ੍ ਪਿਆਰਿਹੋ ਏਕਸੁ ਸਿਉ ਲਿਵ ਲਾਇ॥		Bilaaval Karihu Thumh Piaariho Eaekas Sio Liv Laae ||	Be happy in Bilaaval, O my beloveds, and embrace love for the One Lord.	ਹੇ ਪਿਆਰੇ ਸੱਜਣੋ! ਇੱਕ (ਪਰਮਾਤਮਾ) ਨਾਲ ਸੁਰਤ ਜੋੜ ਕੇ ਤੁਸੀ ਆਤਮਕ ਆਨੰਦ ਮਾਣਦੇ ਰਹੋ।
36212	849	ਜਨਮ ਮਰਣ ਦੁਖੁ ਕਟੀਐ ਸਚੇ ਰਹੈ ਸਮਾਇ॥		Janam Maran Dhukh Katteeai Sachae Rehai Samaae ||	The pains of birth and death shall be eradicated, and you shall remain absorbed in the True Lord.	(ਜਿਹੜਾ ਮਨੁੱਖ ਇਕ ਪਰਮਾਤਮਾ ਵਿਚ ਸੁਰਤ ਜੋੜਦਾ ਹੈ, ਉਸ ਦਾ) ਸਾਰੀ ਉਮਰ ਦਾ ਦੁੱਖ ਕੱਟਿਆ ਜਾਂਦਾ ਹੈ, (ਕਿਉਂਕਿ) ਉਹ ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ (ਸਦਾ) ਲੀਨ ਰਹਿੰਦਾ ਹੈ।

36213	849	ਸਦਾ ਬਿਲਾਵਲੁ ਅਨੰਦੁ ਹੈ ਜੇ ਚਲਹਿ ਸਤਿਗੁਰ ਭਾਇ॥		Sadhaa Bilaaval Anandh Hai Jae Chalehi Sathigur Bhaae ||	You shall be blissful forever in Bilaaval, if you walk in harmony with the Will of the True Guru.	ਜੇ (ਮਨੁੱਖ) ਗੁਰੂ ਦੇ ਹੁਕਮ ਅਨੁਸਾਰ ਜੀਵਨ ਬਿਤੀਤ ਕਰਦੇ ਰਹਿਣ (ਤਾਂ ਉਹਨਾਂ ਦੇ ਅੰਦਰ) ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ।
36214	849	ਸਤਸੰਗਤੀ ਬਹਿ ਭਾਉ ਕਰਿ ਸਦਾ ਹਰਿ ਕੇ ਗੁਣ ਗਾਇ॥	ਸਤਸੰਗਤੀਂ	Sathasangathee Behi Bhaao Kar Sadhaa Har Kae Gun Gaae ||	Sitting in the Saints' Congregation, sing with love the Glorious Praises of the Lord forever.	ਸਤਸੰਗਤਿ ਵਿਚ ਬੈਠ ਕੇ ਪਿਆਰ ਨਾਲ ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ।
36215	849	ਨਾਨਕ ਸੇ ਜਨ ਸੋਹਣੇ ਜਿ ਗੁਰਮੁਖਿ ਮੇਲਿ ਮਿਲਾਇ॥੨॥		Naanak Sae Jan Sohanae J Guramukh Mael Milaae ||2||	O Nanak, beautiful are those humble beings, who, as Gurmukh, are united in the Lord's Union. ||2||	ਹੇ ਨਾਨਕ! (ਆਖ-ਹੇ ਭਾਈ!) ਜਿਹੜੇ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਪ੍ਰਭੂ ਦੀ ਯਾਦ ਵਿਚ ਟਿਕੇ ਰਹਿੰਦੇ ਹਨ, ਉਹ ਸੋਹਣੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ ॥੨॥
36216	849	ਪਉੜੀ॥		Pourree ||	Pauree:	
36217	849	ਸਭਨਾ ਜੀਆ ਵਿਚਿ ਹਰਿ ਆਪਿ ਸੋ ਭਗਤਾ ਕਾ ਮਿਤੁ ਹਰਿ॥		Sabhanaa Jeeaa Vich Har Aap So Bhagathaa Kaa Mith Har ||	The Lord Himself is within all beings. The Lord is the friend of His devotees.	ਹੇ ਭਾਈ! ਜਿਹੜਾ ਪਰਮਾਤਮਾ ਆਪ ਸਭ ਜੀਵਾਂ ਵਿਚ ਮੌਜੂਦ ਹੈ ਉਹ ਹੀ ਭਗਤਾਂ ਦਾ ਮਿੱਤਰ ਹੈ।

36218	849	ਸਭੁ ਕੋਈ ਹਰਿ ਕੈ ਵਸਿ ਭਗਤਾ ਕੈ ਅਨੰਦੁ ਘਰਿ॥	ਵੱਸਿ	Sabh Koee Har Kai Vas Bhagathaa Kai Anandh Ghar ||	Everyone is under the Lord's control; in the home of the devotees there is bliss.	ਭਗਤਾਂ ਦੇ ਹਿਰਦੇ-ਘਰ ਵਿਚ ਸਦਾ ਆਨੰਦ ਬਣਿਆ ਰਹਿੰਦਾ ਹੈ (ਕਿਉਂਕਿ ਉਹ ਜਾਣਦੇ ਹਨ ਕਿ) ਹਰੇਕ ਜੀਵ ਪਰਮਾਤਮਾ ਦੇ ਵੱਸ ਵਿਚ ਹੈ (ਤੇ ਉਹ ਪਰਮਾਤਮਾ ਉਹਨਾਂ ਦਾ ਮਿੱਤਰ ਹੈ)।
36219	849	ਹਰਿ ਭਗਤਾ ਕਾ ਮੇਲੀ ਸਰਬਤ ਸਉ ਨਿਸੁਲ ਜਨ ਟੰਗ ਧਰਿ॥	(ਸਉ)ਸਉਣਾ। (ਨਿਸੁਲ)ਦੁਖ ਰਹਿਤ ਨਿਸ਼ੰਕ ਹੋ ਕੇ। (ਟੰਗ)ਬ੍ਰਿਤੀ ਪ੍ਰਮੇਸ਼ਰ ਚ(ਧਰਿ)ਟਿਕਾ ਕੇ। ਸਰਬੱਤ। ਨਿੱਸੁਲ	Har Bhagathaa Kaa Maelee Sarabath So Nisul Jan Ttang Dhhar ||	The Lord is the friend and companion of His devotees; all His humble servants stretch out and sleep in peace.	ਪਰਮਾਤਮਾ ਹਰ ਥਾਂ ਆਪਣੇ ਭਗਤਾਂ ਦਾ ਸਾਥੀ-ਮਦਦਗਾਰ ਹੈ (ਇਸ ਵਾਸਤੇ ਉਸ ਦੇ) ਭਗਤ ਲੱਤ ਉਤੇ ਲੱਤ ਰਖ ਕੇ ਬੇ-ਫ਼ਿਕਰ ਹੋ ਕੇ ਸੌਂਦੇ ਹਨ (ਨਿਸਚਿੰਤ ਜੀਵਨ ਬਤੀਤ ਕਰਦੇ ਹਨ।
36220	849	ਹਰਿ ਸਭਨਾ ਕਾ ਹੈ ਖਸਮੁ ਸੋ ਭਗਤ ਜਨ ਚਿਤਿ ਕਰਿ॥		Har Sabhanaa Kaa Hai Khasam So Bhagath Jan Chith Kar ||	The Lord is the Lord and Master of all; O humble devotee, remember Him.	ਜਿਹੜਾ ਪਰਮਾਤਮਾ ਸਭ ਜੀਵਾਂ ਦਾ ਖਸਮ ਹੈ, ਉਸ ਨੂੰ ਭਗਤ ਜਨ (ਸਦਾ ਆਪਣੇ) ਹਿਰਦੇ ਵਿਚ ਵਸਾਈ ਰੱਖਦੇ ਹਨ।
36221	849	ਤੁਧੁ ਅਪੜਿ ਕੋਇ ਨ ਸਕੈ ਸਭ ਝਖਿ ਝਖਿ ਪਵੈ ਝੜਿ॥੨॥	ਅੱਪੜਿ	Thudhh Aparr Koe N Sakai Sabh Jhakh Jhakh Pavai Jharr ||2||	No one can equal You, Lord. Those who try, struggle and die in frustration. ||2||	ਹੇ ਪ੍ਰਭੂ! ਸਾਰੀ ਲੁਕਾਈ ਖਪ ਖਪ ਕੇ ਥੱਕ ਜਾਂਦੀ ਹੈ, ਕੋਈ ਤੇਰੇ ਗੁਣਾਂ ਦਾ ਅੰਤ ਨਹੀਂ ਪਾ ਸਕਦਾ ॥੨॥
36222	850	ਸਲੋਕੁ ਮਃ ੩॥		Salok Ma 3 ||	Shalok, Third Mehl:	

36223	850	ਬ੍ਰਹਮੁ ਬਿੰਦਹਿ ਤੇ ਬ੍ਰਾਹਮਣਾ ਜੇ ਚਲਹਿ ਸਤਿਗੁਰ ਭਾਇ॥		Breham Bindhehi Thae Braahamanaa Jae Chalehi Sathigur Bhaae ||	He alone knows God, and he alone is a Brahmin, who walks in harmony with the Will of the True Guru.	ਹੇ ਭਾਈ! ਉਹ ਮਨੁੱਖ ਹਨ (ਅਸਲ) ਬ੍ਰਾਹਮਣ, ਜਿਹੜੇ ਮਨੁੱਖ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਰੱਖਦੇ ਹਨ, ਸਤਿਗੁਰੂ ਦੀ ਰਜ਼ਾ ਵਿਚ ਜੀਵਨ ਬਤੀਤ ਕਰਦੇ ਹਨ,
36224	850	ਜਿਨ ਕੈ ਹਿਰਦੈ ਹਰਿ ਵਸੈ ਹਉਮੈ ਰੋਗੁ ਗਵਾਇ॥		Jin Kai Hiradhai Har Vasai Houmai Rog Gavaae ||	One whose heart is filled with the Lord, is freed of egotism and disease.	(ਆਪਣੇ ਅੰਦਰੋਂ) ਹਉਮੈ (ਦਾ) ਰੋਗ ਦੂਰ ਕਰਦੇ ਹਨ ਅਤੇ ਜਿਨ੍ਹਾਂ ਦੇ ਹਿਰਦੇ ਵਿਚ ਸਦਾ ਪਰਮਾਤਮਾ ਵੱਸਦਾ ਹੈ।
36225	850	ਗੁਣ ਰਵਹਿ ਗੁਣ ਸੰਗ੍ਰਹਹਿ ਜੋਤੀ ਜੋਤਿ ਮਿਲਾਇ॥	ਸੰਗ੍ਰ-ਹਹਿ	Gun Ravehi Gun Sangrehehi Jothee Joth Milaae ||	He chants the Lord's Praises, gathers virtue, and his light merges into the Light.	(ਉਹ ਬ੍ਰਾਹਮਣ) ਪਰਮਾਤਮਾ ਦੀ ਜੋਤਿ ਵਿਚ (ਆਪਣੀ) ਸੁਰਤਿ-ਜੋੜ ਕੇ ਪਰਮਾਤਮਾ ਦੇ ਗੁਣ ਯਾਦ ਕਰਦੇ ਰਹਿੰਦੇ ਹਨ ਤੇ ਪਰਮਾਤਮਾ ਦੇ ਗੁਣ (ਆਪਣੇ ਅੰਦਰੋਂ) ਇਕੱਠੇ ਕਰਦੇ ਰਹਿੰਦੇ ਹਨ।
36226	850	ਇਸੁ ਜੁਗ ਮਹਿ ਵਿਰਲੇ ਬ੍ਰਾਹਮਣ ਬ੍ਰਹਮੁ ਬਿੰਦਹਿ ਚਿਤੁ ਲਾਇ॥		Eis Jug Mehi Viralae Braahaman Breham Bindhehi Chith Laae ||	How rare are those Brahmins who, in this age, come to know God, by lovingly focusing their consciousness on Him.	ਪਰ ਹੇ ਭਾਈ! ਇਸ ਮਨੁੱਖਾ ਜੀਵਨ ਵਿਚ (ਇਹੋ ਜਿਹੇ) ਬ੍ਰਾਹਮਣ ਵਿਰਲੇ ਹੀ ਹੁੰਦੇ ਹਨ ਜੋ ਮਨ ਲਾ ਕੇ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਰੱਖਦੇ ਹਨ।

36227	850	ਨਾਨਕ ਜਿਨ੍ ਕਉ ਨਦਰਿ ਕਰੇ ਹਰਿ ਸਚਾ ਸੇ ਨਾਮਿ ਰਹੇ ਲਿਵ ਲਾਇ॥੧॥		Naanak Jinh Ko Nadhar Karae Har Sachaa Sae Naam Rehae Liv Laae ||1||	O Nanak, those who are blessed by the Lord's Glance of Grace, remain lovingly attuned to the Name of the True Lord. ||1||	ਹੇ ਨਾਨਕ! ਜਿਨ੍ਹਾਂ (ਇਹੋ ਜਿਹੇ ਬ੍ਰਾਹਮਣਾਂ) ਉਤੇ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪਣੀ ਮਿਹਰ ਦੀ ਨਿਗਾਹ ਕਰਦਾ ਹੈ ਉਹ ਸਦਾ ਪਰਮਾਤਮਾ ਦੇ ਨਾਮ ਵਿਚ ਸੁਰਤ ਜੋੜੀ ਰੱਖਦੇ ਹਨ ॥੧॥
36228	850	ਮਃ ੩॥		Ma 3 ||	Third Mehl:	
36229	850	ਸਤਿਗੁਰ ਕੀ ਸੇਵ ਨ ਕੀਤੀਆ ਸਬਦਿ ਨ ਲਗੋ ਭਾਉ॥		Sathigur Kee Saev N Keetheeaa Sabadh N Lago Bhaao ||	One who does not serve the True Guru, and who does not love the Word of the Shabad,	ਹੇ ਭਾਈ! ਜਿਸ ਮਨੁੱਖ ਨੇ ਗੁਰੂ ਦੀ ਦੱਸੀ ਸੇਵਾ-ਕਮਾਈ ਨਾਹ ਕੀਤੀ, ਜਿਸ ਦਾ ਪਿਆਰ (ਗੁਰੂ ਦੇ) ਸ਼ਬਦ ਵਿਚ ਨਾਹ ਬਣਿਆ,
36230	850	ਹਉਮੈ ਰੋਗੁ ਕਮਾਵਣਾ ਅਤਿ ਦੀਰਘੁ ਬਹੁ ਸੁਆਉ॥		Houmai Rog Kamaavanaa Ath Dheeragh Bahu Suaao ||	Earns the very painful disease of egotism; he is so very selfish.	(ਆਪਣੇ ਹੀ ਮਨ ਦਾ ਮੁਰੀਦ ਰਹਿ ਕੇ ਉਸ ਨੇ) ਅਨੇਕਾਂ ਚਸਕਿਆਂ ਵਲ ਪ੍ਰੇਰਨ ਵਾਲਾ ਬਹੁਤ ਲੰਮਾ ਹਉਮੈ ਦਾ ਰੋਗ ਹੀ ਖੱਟਿਆ;
36231	850	ਮਨ ਹਠਿ ਕਰਮ ਕਮਾਵਣੇ ਫਿਰਿ ਫਿਰਿ ਜੋਨੀ ਪਾਇ॥		Manehath Karam Kamaavanae Fir Fir Jonee Paae ||	Acting stubborn-mindedly, he is reincarnated over and over again.	ਆਪਣੇ ਮਨ ਦੇ ਹਠ ਦੇ ਆਸਰੇ (ਹੋਰ ਹੋਰ) ਕਰਮ ਕਰਦੇ ਰਹਿਣ ਕਰਕੇ ਉਹ ਮਨੁੱਖ ਮੁੜ ਮੁੜ ਜੂਨਾਂ (ਦੇ ਗੇੜ) ਵਿਚ ਪੈਂਦਾ ਹੈ।

36232	850	ਗੁਰਮੁਖਿ ਜਨਮੁ ਸਫਲੁ ਹੈ ਜਿਸ ਨੋ ਆਪੇ ਲਏ ਮਿਲਾਇ॥		Guramukh Janam Safal Hai Jis No Aapae Leae Milaae ||	The birth of the Gurmukh is fruitful and auspicious. The Lord unites him with Himself.	ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਾ ਜੀਵਨ ਕਾਮਯਾਬ ਹੋ ਜਾਂਦਾ ਹੈ (ਪਰ ਉਹੀ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ) ਜਿਸ ਨੂੰ (ਪਰਮਾਤਮਾ) ਆਪ ਹੀ (ਗੁਰੂ ਦੇ ਚਰਨਾਂ ਵਿਚ) ਜੋੜਦਾ ਹੈ।
36233	850	ਨਾਨਕ ਨਦਰੀ ਨਦਰਿ ਕਰੇ ਤਾ ਨਾਮ ਧਨੁ ਪਲੈ ਪਾਇ॥੨॥		Naanak Nadharee Nadhar Karae Thaa Naam Dhhan Palai Paae ||2||	O Nanak, when the Merciful Lord grants His Mercy, one obtains the wealth of the Naam, the Name of the Lord. ||2||	ਹੇ ਨਾਨਕ! ਜਦੋਂ ਮਿਹਰ ਦੀ ਨਿਗਾਹ ਕਰਨ ਵਾਲਾ ਪ੍ਰਭੂ (ਕਿਸੇ ਮਨੁੱਖ ਉਤੇ ਮਿਹਰ ਦੀ) ਨਿਗਾਹ ਕਰਦਾ ਹੈ ਤਦੋਂ ਉਹ ਪਰਮਾਤਮਾ ਦਾ ਨਾਮ-ਧਨ ਪ੍ਰਾਪਤ ਕਰ ਲੈਂਦਾ ਹੈ ॥੨॥
36234	850	ਪਉੜੀ॥		Pourree ||	Pauree:	
36235	850	ਸਭ ਵਡਿਆਈਆ ਹਰਿ ਨਾਮ ਵਿਚਿ ਹਰਿ ਗੁਰਮੁਖਿ ਧਿਆਈਐ॥		Sabh Vaddiaaeeaa Har Naam Vich Har Guramukh Dhhiaaeeai ||	All glorious greatness is in the Name of the Lord; as Gurmukh, meditate on the Lord.	ਹੇ ਭਾਈ! ਪਰਮਾਤਮਾ ਦੇ ਨਾਮ ਸਿਮਰਨ ਵਿਚ ਸਾਰੇ ਗੁਣ ਹਨ (ਜੇ ਮਨੁੱਖ ਨਾਮ ਸਿਮਰੇ ਤਾਂ ਉਸ ਦੇ ਅੰਦਰ ਸਾਰੇ ਆਤਮਕ ਗੁਣ ਪੈਦਾ ਹੋ ਜਾਂਦੇ ਹਨ, ਪਰ) ਪਰਮਾਤਮਾ (ਦਾ ਨਾਮ) ਗੁਰੂ ਦੀ ਸਰਨ ਪਿਆਂ ਹੀ ਸਿਮਰਿਆ ਜਾ ਸਕਦਾ ਹੈ।
36236	850	ਜਿ ਵਸਤੁ ਮੰਗੀਐ ਸਾਈ ਪਾਈਐ ਜੇ ਨਾਮਿ ਚਿਤੁ ਲਾਈਐ॥		J Vasath Mangeeai Saaee Paaeeai Jae Naam Chith Laaeeai ||	One obtains all that he asks for, if he keeps his consciousness focused on the Lord.	ਹੇ ਭਾਈ! ਜੇ ਪਰਮਾਤਮਾ ਦੇ ਨਾਮ ਵਿਚ ਚਿੱਤ ਜੋੜੀ ਰੱਖੀਏ ਤਾਂ (ਉਸ ਦੇ ਦਰ ਤੋਂ) ਜਿਹੜੀ ਭੀ ਚੀਜ਼ ਮੰਗੀ ਜਾਂਦੀ ਹੈ ਉਹੀ ਮਿਲ ਜਾਂਦੀ ਹੈ।

36237	850	ਗੁਹਜ ਗਲ ਜੀਅ ਕੀ ਕੀਚੈ ਸਤਿਗੁਰੂ ਪਾਸਿ ਤਾ ਸਰਬ ਸੁਖੁ ਪਾਈਐ॥		Guhaj Gal Jeea Kee Keechai Sathiguroo Paas Thaa Sarab Sukh Paaeeai ||	If he tells the secrets of his soul to the True Guru, then he finds absolute peace.	ਹੇ ਭਾਈ! ਜਦੋਂ ਦਿਲ ਦੀ ਘੁੰਡੀ ਸਤਿਗੁਰੂ ਦੇ ਅੱਗੇ ਖੋਹਲੀ ਜਾਂਦੀ ਹੈ ਤਦੋਂ ਹਰੇਕ ਕਿਸਮ ਦਾ ਸੁਖ ਮਿਲ ਜਾਂਦਾ ਹੈ।
36238	850	ਗੁਰੁ ਪੂਰਾ ਹਰਿ ਉਪਦੇਸੁ ਦੇਇ ਸਭ ਭੁਖ ਲਹਿ ਜਾਈਐ॥		Gur Pooraa Har Oupadhaes Dhaee Sabh Bhukh Lehi Jaaeeai ||	When the Perfect Guru bestows the Lord's Teachings, then all hunger departs.	ਪੂਰਾ ਸਤਿਗੁਰੂ ਪਰਮਾਤਮਾ (ਦੇ ਸਿ੮ਮਰਨ) ਦਾ ਉਪਦੇਸ਼ ਦੇਂਦਾ ਹੈ (ਅਤੇ ਸਿਮਰਨ ਦੀ ਬਰਕਤ ਨਾਲ) ਸਾਰੀ ਤ੍ਰਿਸ਼ਨਾ ਮਿਟ ਜਾਂਦੀ ਹੈ।
36239	850	ਜਿਸੁ ਪੂਰਬਿ ਹੋਵੈ ਲਿਖਿਆ ਸੋ ਹਰਿ ਗੁਣ ਗਾਈਐ॥੩॥		Jis Poorab Hovai Likhiaa So Har Gun Gaaeeai ||3||	One who is blessed with such pre-ordained destiny, sings the Glorious Praises of the Lord. ||3||	ਪਰ ਹੇ ਭਾਈ! ਜਿਸ ਮਨੁੱਖ ਦੇ ਅੰਦਰ ਮੁੱਢ ਤੋਂ {ਸਿਫ਼ਤਿ-ਸਾਲਾਹ ਦੇ ਸੰਸਕਾਰਾਂ ਦਾ} ਲੇਖ ਲਿਖਿਆ ਹੁੰਦਾ ਹੈ ਉਹ ਹੀ ਪਰਮਾਤਮਾ ਦੇ ਗੁਣ ਗਾਂਦਾ ਹੈ (ਬਾਕੀ ਸਾਰੀ ਲੁਕਾਈ ਤਾਂ ਮਾਇਆ ਦੇ ਢਹੇ ਚੜ੍ਹੀ ਰਹਿੰਦੀ ਹੈ) ॥੩॥
36240	850	ਸਲੋਕ ਮਃ ੩॥		Salok Ma 3 ||	Shalok, Third Mehl:	
36241	850	ਸਤਿਗੁਰ ਤੇ ਖਾਲੀ ਕੋ ਨਹੀ ਮੇਰੈ ਪ੍ਰਭਿ ਮੇਲਿ ਮਿਲਾਏ॥		Sathigur Thae Khaalee Ko Nehee Maerai Prabh Mael Milaaeae ||	No one goes away empty-handed from the True Guru; He unites me in Union with my God.	ਹੇ ਭਾਈ! ਗੁਰੂ ਦੇ ਦਰ ਤੋਂ (ਕਦੇ) ਕੋਈ ਖ਼ਾਲੀ (ਨਿਰਾਸ) ਨਹੀਂ ਗਿਆ, (ਦਰ ਤੇ ਆਏ ਸਾਰਿਆਂ ਨੂੰ) ਪਿਆਰੇ ਪ੍ਰਭੂ ਵਿਚ ਪੂਰਨ ਤੌਰ ਤੇ ਮਿਲਾ ਦੇਂਦਾ ਹੈ।

36242	850	ਸਤਿਗੁਰ ਕਾ ਦਰਸਨੁ ਸਫਲੁ ਹੈ ਜੇਹਾ ਕੋ ਇਛੈ ਤੇਹਾ ਫਲੁ ਪਾਏ॥		Sathigur Kaa Dharasan Safal Hai Jaehaa Ko Eishhae Thaehaa Fal Paaeae ||	Fruitful is the Blessed Vision of the Darshan of the True Guru; through it, one obtains whatever fruitful rewards he desires.	ਗੁਰੂ ਦਾ ਦੀਦਾਰ ਭੀ ਫਲ ਦੇਣ ਵਾਲਾ ਹੈ, ਜਿਹੋ ਜਿਹੀ ਕਿਸੇ ਦੀ ਭਾਵਨਾ ਹੁੰਦੀ ਹੈ ਉਹੋ ਜਿਹਾ ਉਸ ਨੂੰ ਫਲ ਮਿਲ ਜਾਂਦਾ ਹੈ।
36243	850	ਗੁਰ ਕਾ ਸਬਦੁ ਅੰਮ੍ਰਿਤੁ ਹੈ ਸਭ ਤ੍ਰਿਸਨਾ ਭੁਖ ਗਵਾਏ॥		Gur Kaa Sabadh Anmrith Hai Sabh Thrisanaa Bhukh Gavaaeae ||	The Word of the Guru's Shabad is Ambrosial Nectar. It banishes all hunger and thirst.	ਹੇ ਭਾਈ! ਗੁਰੂ ਦਾ ਸ਼ਬਦ ਆਤਮਕ ਜੀਵਨ ਦੇਣ ਵਾਲਾ (ਮਾਨੋ) ਜਲ ਹੈ (ਜਿਵੇਂ ਜਲ ਪੀ ਕੇ ਤ੍ਰੇਹ ਮਿਟਾ ਲਈਦੀ ਹੈ, ਤਿਵੇਂ ਸ਼ਬਦ-ਜਲ ਦੀ ਬਰਕਤ ਨਾਲ ਮਨੁੱਖ ਦੇ ਅੰਦਰੋਂ ਮਾਇਆ ਦੀ) ਤ੍ਰੇਹ ਭੁੱਖ ਸਾਰੀ ਮਿਟ ਜਾਂਦੀ ਹੈ।
36244	850	ਹਰਿ ਰਸੁ ਪੀ ਸੰਤੋਖੁ ਹੋਆ ਸਚੁ ਵਸਿਆ ਮਨਿ ਆਏ॥		Har Ras Pee Santhokh Hoaa Sach Vasiaa Man Aaeae ||	Drinking in the sublime essence of the Lord brings contentment; the True Lord comes to dwell in the mind.	(ਗੁਰੂ ਦੇ ਸ਼ਬਦ ਦੀ ਰਾਹੀਂ) ਪਰਮਾਤਮਾ ਦਾ ਨਾਮ-ਰਸ ਪੀ ਕੇ (ਮਨੁੱਖ ਦੇ ਅੰਦਰ) ਸੰਤੋਖ ਪੈਦਾ ਹੁੰਦਾ ਹੈ, ਅਤੇ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਉਸ ਦੇ ਮਨ ਵਿਚ ਆ ਵੱਸਦਾ ਹੈ।

36245	850	ਸਚੁ ਧਿਆਇ ਅਮਰਾਪਦੁ ਪਾਇਆ ਅਨਹਦ ਸਬਦ ਵਜਾਏ॥		Sach Dhhiaae Amaraa Padh Paaeiaa Anehadh Sabadh Vajaaeae ||	Meditating on the True Lord, the status of immortality is obtained; the Unstruck Word of the Shabad vibrates and resounds.	ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਸਿਮਰ ਕੇ ਉਸ ਨੂੰ ਐਸਾ ਆਤਮਕ ਦਰਜਾ ਮਿਲ ਜਾਂਦਾ ਹੈ ਜੋ ਕਦੇ ਨਾਸ ਨਹੀਂ ਹੁੰਦਾ, ਉਹ (ਆਪਣੇ ਅੰਦਰ ਸਿਫ਼ਤਿ-ਸਾਲਾਹ ਦੇ) ਇਕ-ਰਸ ਵਾਜੇ ਵਜਾਂਦਾ ਹੈ (ਆਤਮਕ ਜੀਵਨ ਦੇਣ ਵਾਲੀ ਅਵਸਥਾ ਉਸ ਦੇ ਅੰਦਰ ਸਦਾ ਪ੍ਰਬਲ ਰਹਿੰਦੀ ਹੈ)।
36246	850	ਸਚੋ ਦਹ ਦਿਸਿ ਪਸਰਿਆ ਗੁਰ ਕੈ ਸਹਜਿ ਸੁਭਾਏ॥		Sacho Dheh Dhis Pasariaa Gur Kai Sehaj Subhaaeae ||	The True Lord is pervading in the ten directions; through the Guru, this is intuitively known.	ਹੇ ਭਾਈ! ਜਿਹੜਾ ਮਨੁੱਖ ਗੁਰੂ ਦੀ ਰਾਹੀਂ ਅਡੋਲ ਅਵਸਥਾ ਵਿਚ ਪਿਆਰ-ਅਵਸਥਾ ਵਿਚ ਅੱਪੜਦਾ ਹੈ ਉਸ ਨੂੰ ਦਸੀਂ ਹੀ ਪਾਸੀਂ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਵਿਆਪਕ ਦਿੱਸਦਾ ਹੈ।
36247	850	ਨਾਨਕ ਜਿਨ੍ ਅੰਦਰਿ ਸਚੁ ਹੈ ਸੇ ਜਨ ਛਪਹਿ ਨ ਕਿਸੈ ਦੇ ਛਪਾਏ॥੧॥		Naanak Jin Andhar Sach Hai Sae Jan Shhapehi N Kisai Dhae Shhapaaeae ||1||	O Nanak, those humble beings who have the Truth deep within, are never hidden, even if others try to hide them. ||1||	ਹੇ ਨਾਨਕ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਟਿਕਿਆ ਰਹਿੰਦਾ ਹੈ ਉਹ ਮਨੁੱਖ ਕਿਸੇ ਦੇ ਲੁਕਾਏ ਨਹੀਂ ਲੁਕਦੇ (ਕੋਈ ਮਨੁੱਖ ਉਹਨਾਂ ਦੀ ਸੋਭਾ ਨੂੰ ਮਿਟਾ ਨਹੀਂ ਸਕਦਾ) ॥੧॥
36248	850	ਮਃ ੩॥		Ma 3 ||	Third Mehl:	

36249	850	ਗੁਰ ਸੇਵਾ ਤੇ ਹਰਿ ਪਾਈਐ ਜਾ ਕਉ ਨਦਰਿ ਕਰੇਇ॥		Gur Saevaa Thae Har Paaeeai Jaa Ko Nadhar Karaee ||	Serving the Guru, one finds the Lord, when the Lord blesses him with His Glance of Grace.	ਹੇ ਭਾਈ! ਗੁਰੂ ਦੀ ਦੱਸੀ ਕਾਰ ਕੀਤਿਆਂ ਪਰਮਾਤਮਾ ਮਿਲ ਪੈਂਦਾ ਹੈ (ਪਰ ਮਿਲਦਾ ਉਸ ਨੂੰ ਹੈ) ਜਿਸ ਉਤੇ (ਪਰਮਾਤਮਾ) ਮਿਹਰ ਕਰਦਾ ਹੈ।
36250	850	ਮਾਨਸ ਤੇ ਦੇਵਤੇ ਭਏ ਸਚੀ ਭਗਤਿ ਜਿਸੁ ਦੇਇ॥		Maanas Thae Dhaevathae Bheae Sachee Bhagath Jis Dhaee ||	Human beings become angels, when the Lord blesses them with true devotional worship.	(ਗੁਰੂ ਦੀ ਦੱਸੀ ਕਾਰ ਕੀਤਿਆਂ) ਮਨੁੱਖਾਂ ਤੋਂ ਦੇਵਤੇ ਬਣ ਜਾਂਦੇ ਹਨ (ਪਰ ਉਹ ਮਨੁੱਖ ਦੇਵਤਾ ਬਣਦਾ ਹੈ) ਜਿਸ ਨੂੰ ਪ੍ਰਭੂ ਸਦਾ ਕਾਇਮ ਰਹਿਣ ਵਾਲੀ ਭਗਤੀ (ਦੀ ਦਾਤਿ) ਦੇਂਦਾ ਹੈ।
36251	850	ਹਉਮੈ ਮਾਰਿ ਮਿਲਾਇਅਨੁ ਗੁਰ ਕੈ ਸਬਦਿ ਸੁਚੇਇ॥	ਸੁੱਚੇ-ਇ	Houmai Maar Milaaeian Gur Kai Sabadh Suchaee ||	Conquering egotism, they are blended with the Lord; through the Word of the Guru's Shabad, they are purified.	ਗੁਰੂ ਦੇ ਸ਼ਬਦ ਦੀ ਰਾਹੀਂ ਜਿਹੜੇ ਮਨੁੱਖ ਪਵਿੱਤਰ ਜੀਵਨ ਵਾਲੇ ਬਣ ਗਏ, ਪਰਮਾਤਮਾ ਨੇ (ਉਹਨਾਂ ਦੇ ਅੰਦਰੋਂ) ਹਉਮੈ ਮੁਕਾ ਕੇ (ਉਹਨਾਂ ਨੂੰ ਆਪਣੇ ਨਾਲ) ਮਿਲਾ ਲਿਆ।
36252	850	ਨਾਨਕ ਸਹਜੇ ਮਿਲਿ ਰਹੇ ਨਾਮੁ ਵਡਿਆਈ ਦੇਇ॥੨॥		Naanak Sehajae Mil Rehae Naam Vaddiaaee Dhaee ||2||	O Nanak, they remain merged with the Lord; they are blessed with the glorious greatness of the Naam. ||2||	ਹੇ ਨਾਨਕ! (ਆਖ-ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ) ਨਾਮ (ਜਪਣ ਦਾ) ਗੁਣ ਬਖ਼ਸ਼ਦਾ ਹੈ (ਉਹ ਮਨੁੱਖ) ਆਤਮਕ ਅਡੋਲਤਾ ਵਿਚ ਟਿਕ ਕੇ (ਪ੍ਰਭੂ-ਚਰਨਾਂ ਵਿਚ) ਜੁੜਿਆ ਰਹਿੰਦਾ ਹੈ ॥੨॥
36253	850	ਪਉੜੀ॥		Pourree ||	Pauree:	

36254	850	ਗੁਰ ਸਤਿਗੁਰ ਵਿਚਿ ਨਾਵੈ ਕੀ ਵਡੀ ਵਡਿਆਈ ਹਰਿ ਕਰਤੈ ਆਪਿ ਵਧਾਈ॥		Gur Sathigur Vich Naavai Kee Vaddee Vaddiaaee Har Karathai Aap Vadhhaaee ||	Within the Guru, the True Guru, is the glorious greatness of the Name. The Creator Lord Himself has magnified it.	ਹੇ ਭਾਈ! ਗੁਰੂ ਦੇ ਅੰਦਰ (ਪਰਮਾਤਮਾ ਦਾ) ਨਾਮ (ਜਪਣ ਜਪਾਣ) ਦਾ ਵੱਡਾ ਗੁਣ ਹੈ, ਪਰਮਾਤਮਾ ਨੇ ਆਪ (ਇਹ ਗੁਣ ਗੁਰੂ ਵਿਚ) ਵਧਾਇਆ ਹੈ।
36255	850	ਸੇਵਕ ਸਿਖ ਸਭਿ ਵੇਖਿ ਵੇਖਿ ਜੀਵਨ੍ਹি ਓਨ੍ਹਾ ਅੰਦਰਿ ਹਿਰਦੈ ਭਾਈ॥		Saevak Sikh Sabh Vaekh Vaekh Jeevanih Ounhaa Andhar Hiradhai Bhaaee ||	All His servants and Sikhs live by gazing, gazing upon it. It is pleasing to their hearts deep within.	(ਸਤਿਗੁਰੂ ਦੇ) ਸਾਰੇ ਸਿੱਖ ਸੇਵਕ (ਗੁਰੂ ਦੇ) ਇਸ ਗੁਣ ਨੂੰ ਵੇਖ ਕੇ ਆਤਮਕ ਜੀਵਨ ਹਾਸਲ ਕਰਦੇ ਹਨ, ਉਹਨਾਂ ਨੂੰ (ਗੁਰੂ ਦਾ ਇਹ ਗੁਣ ਆਪਣੇ) ਹਿਰਦੇ ਵਿਚ ਪਿਆਰਾ ਲੱਗਦਾ ਹੈ।
36256	850	ਨਿੰਦਕ ਦੁਸਟ ਵਡਿਆਈ ਵੇਖਿ ਨ ਸਕਨਿ ਓਨ੍ਹਾ ਪਰਾਇਆ ਭਲਾ ਨ ਸੁਖਾਈ॥		Nindhak Dhusatt Vaddiaaee Vaekh N Sakan Ounhaa Paraaeiaa Bhalaa N Sukhaaee ||	The slanderers and evil-doers cannot see this glorious greatness; they do not appreciate the goodness of others.	(ਗੁਰੂ ਦੀ) ਨਿੰਦਾ ਕਰਨ ਵਾਲੇ ਅਤੇ ਭੈੜੇ ਬੰਦੇ (ਸਤਿਗੁਰੂ ਦੀ) ਵਡਿਆਈ ਵੇਖ ਕੇ ਸਹਾਰ ਨਹੀਂ ਸਕਦੇ, ਉਹਨਾਂ ਨੂੰ ਕਿਸੇ ਹੋਰ ਦੀ ਭਲਾਈ ਚੰਗੀ ਨਹੀਂ ਲੱਗਦੀ।

36257	850	ਕਿਆ ਹੋਵੈ ਕਿਸ ਹੀ ਕੀ ਝਖ ਮਾਰੀ ਜਾ ਸਚੇ ਸਿਉ ਬਣਿ ਆਈ॥		Kiaa Hovai Kis Hee Kee Jhakh Maaree Jaa Sachae Sio Ban Aaee ||	What can be achieved by anyone babbling? The Guru is in love with the True Lord.	ਪਰ ਜਦੋਂ ਗੁਰੂ ਦਾ ਪਿਆਰ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ ਬਣਿਆ ਹੋਇਆ ਹੈ, ਤਾਂ ਕਿਸੇ (ਨਿੰਦਕ ਦੁਸ਼ਟ) ਦੇ ਝਖ ਮਾਰਿਆਂ ਗੁਰੂ ਦਾ ਕੁਝ ਵਿਗੜ ਨਹੀਂ ਸਕਦਾ।
36258	850	ਜਿ ਗਲ ਕਰਤੇ ਭਾਵੈ ਸਾ ਨਿਤ ਨਿਤ ਚੜੈ ਸਵਾਈ ਸਭ ਝਖਿ ਝਖਿ ਮਰੈ ਲੋਕਾਈ॥੪॥	ਚੜੈ, ਝਖਿ ਝਖਿ:ਪੋਲਾ ਬੋਲੋ	J Gal Karathae Bhaavai Saa Nith Nith Charrai Savaaee Sabh Jhakh Jhakh Marai Lokaaee ||4||	That which is pleasing to the Creator Lord, increases day by day, while all the people babble uselessly. ||4||	ਜਿਹੜੀ ਗੱਲ ਕਰਤਾਰ ਨੂੰ ਚੰਗੀ ਲੱਗਦੀ ਹੈ ਉਹ ਦਿਨੋਂ ਦਿਨ ਵਧਦੀ ਹੈ (ਤੇ ਨਿੰਦਾ ਕਰਨ ਵਾਲੀ) ਸਾਰੀ ਲੁਕਾਈ ਖਿੱਝ ਖਿੱਝ ਕੇ ਆਤਮਕ ਮੌਤ ਸਹੇੜਦੀ ਹੈ ॥੪॥
36259	850	ਸਲੋਕ ਮਃ ੩॥		Salok Ma 3 ||	Shalok, Third Mehl:	
36260	850	ਧ੍ਰਿਗੁ ਏਹ ਆਸਾ ਦੂਜੇ ਭਾਵ ਕੀ ਜੋ ਮੋਹਿ ਮਾਇਆ ਚਿਤੁ ਲਾਏ॥		Dhhrig Eaeh Aasaa Dhoojae Bhaav Kee Jo Mohi Maaeiaa Chith Laaeae ||	Cursed are the hopes in the love of duality; they tie the consciousness to love and attachment to Maya.	ਜਿਹੜਾ ਮਨੁੱਖ ਮਾਇਆ ਦੇ ਮੋਹ ਵਿਚ (ਆਪਣਾ) ਚਿੱਤ ਜੋੜਦਾ ਹੈ ਉਸ ਦੀ ਇਹ ਮਾਇਆ ਨਾਲ ਪਿਆਰ ਵਧਾਣ ਵਾਲੀ ਆਸ (ਉਸ ਦੇ ਵਾਸਤੇ) ਫਿਟਕਾਰ ਹੀ ਖੱਟਣ ਵਾਲੀ ਹੁੰਦੀ ਹੈ,
36261	850	ਹਰਿ ਸੁਖੁ ਪਲ੍ਹਰਿ ਤਿਆਗਿਆ ਨਾਮੁ ਵਿਸਾਰਿ ਦੁਖੁ ਪਾਏ॥	ਪੱਲ੍ਹਰਿ	Har Sukh Palhar Thiaagiaa Naam Visaar Dhukh Paaeae ||	One who forsakes the peace of the Lord in exchange for straw, and forgets the Naam, suffers in pain.	(ਕਿਉਂਕਿ ਉਹ ਮਨੁੱਖ) ਪਰਮਾਤਮਾ ਦੇ ਨਾਮ ਦਾ ਆਨੰਦ ਪਰਾਲੀ ਦੇ ਵੱਟੇ ਤਿਆਗਦਾ ਹੈ, ਪਰਮਾਤਮਾ ਦਾ ਨਾਮ ਭੁਲਾ ਕੇ ਉਹ ਦੁੱਖ (ਹੀ) ਪਾਂਦਾ ਹੈ।

36262	851	ਮਨਮੁਖ ਅਗਿਆਨੀ ਅੰਧੁਲੇ ਜਨਮਿ ਮਰਹਿ ਫਿਰਿ ਆਵੈ ਜਾਏ॥		Manamukh Agiaanee Andhhulae Janam Marehi Fir Aavai Jaaeae ||	The ignorant self-willed manmukhs are blind. They are born, only to die again, and continue coming and going.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਆਤਮਕ ਜੀਵਨ ਦੀ ਸੂਝ ਤੋਂ ਸੱਖਣੇ ਰਹਿੰਦੇ ਹਨ, ਜੀਵਨ ਦਾ ਸਹੀ ਰਸਤਾ ਉਹਨਾਂ ਨੂੰ ਨਹੀਂ ਦਿੱਸਦਾ (ਇਸ ਵਾਸਤੇ ਉਹ) ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ। ਮਨਮੁਖ ਬੰਦਾ ਮੁੜ ਮੁੜ ਜੰਮਦਾ ਮਰਦਾ ਰਹਿੰਦਾ ਹੈ।
36263	851	ਕਾਰਜ ਸਿਧਿ ਨ ਹੋਵਨੀ ਅੰਤਿ ਗਇਆ ਪਛੁਤਾਏ॥		Kaaraj Sidhh N Hovanee Anth Gaeiaa Pashhuthaaeae ||	Their affairs are not resolved, and in the end, they depart, regretting and repenting.	(ਪ੍ਰਭੂ ਨੂੰ ਵਿਸਾਰ ਕੇ ਮਨਮੁਖ ਨੇ ਹੋਰ ਹੋਰ ਕਈ ਧੰਧੇ ਸਹੇੜੇ ਹੁੰਦੇ ਹਨ, ਉਹਨਾਂ) ਕੰਮਾਂ ਵਿਚ (ਉਸ ਨੂੰ) ਕਾਮਯਾਬੀਆਂ ਨਹੀਂ ਹੁੰਦੀਆਂ, ਆਖ਼ਰ ਇਥੋਂ ਹਾਹੁਕੇ ਲੈਂਦਾ ਹੀ ਜਾਂਦਾ ਹੈ।
36264	851	ਜਿਸੁ ਕਰਮੁ ਹੋਵੈ ਤਿਸੁ ਸਤਿਗੁਰੁ ਮਿਲੈ ਸੋ ਹਰਿ ਹਰਿ ਨਾਮੁ ਧਿਆਏ॥		Jis Karam Hovai This Sathigur Milai So Har Har Naam Dhhiaaeae ||	One who is blessed with the Lord's Grace, meets the True Guru; he alone meditates on the Name of the Lord, Har, Har.	ਜਿਸ ਮਨੁੱਖ ਉਤੇ ਪ੍ਰਭੂ ਦੀ ਮਿਹਰ ਹੁੰਦੀ ਹੈ ਉਸ ਨੂੰ ਗੁਰੂ ਮਿਲਦਾ ਹੈ, ਉਹ ਸਦਾ ਪ੍ਰਭੂ ਦਾ ਨਾਮ ਸਿਮਰਦਾ ਹੈ।

36265	851	ਨਾਮਿ ਰਤੇ ਜਨ ਸਦਾ ਸੁਖੁ ਪਾਇਨਿ ਜਨ ਨਾਨਕ ਤਿਨ ਬਲਿ ਜਾਏ॥੧॥		Naam Rathae Jan Sadhaa Sukh Paaeinih Jan Naanak Thin Bal Jaaeae ||1||	Imbued with the Naam, the humble servants of the Lord find a lasting peace; servant Nanak is a sacrifice to them. ||1||	ਨਾਮ ਵਿਚ ਰੰਗੇ ਹੋਏ ਮਨੁੱਖ ਸਦਾ ਆਤਮਕ ਆਨੰਦ ਮਾਣਦੇ ਹਨ। ਹੇ ਦਾਸ ਨਾਨਕ! (ਆਖ-) ਮੈਂ ਉਹਨਾਂ ਤੋਂ ਸਦਕੇ ਜਾਂਦਾ ਹਾਂ ॥੧॥
36266	851	ਮਃ ੩॥		Ma 3 ||	Third Mehl:	
36267	851	ਆਸਾ ਮਨਸਾ ਜਗਿ ਮੋਹਣੀ ਜਿਨਿ ਮੋਹਿਆ ਸੰਸਾਰੁ॥		Aasaa Manasaa Jag Mohanee Jin Mohiaa Sansaar ||	Hope and desire entice the world; they entice the whole universe.	ਹੇ ਭਾਈ! (ਹਰ ਵੇਲੇ ਮਾਇਆ ਦੀ) ਆਸ (ਹਰ ਵੇਲੇ ਮਾਇਆ ਦੀ ਹੀ) ਚਿਤਵਨੀ ਜਗਤ ਵਿਚ (ਜੀਵਾਂ ਨੂੰ) ਮੋਹ ਰਹੀ ਹੈ, ਇਸ ਨੇ ਸਾਰੇ ਜਗਤ ਨੂੰ ਆਪਣੇ ਵੱਸ ਵਿਚ ਕੀਤਾ ਹੋਇਆ ਹੈ।
36268	851	ਸਭੁ ਕੋ ਜਮ ਕੇ ਚੀਰੇ ਵਿਚਿ ਹੈ ਜੇਤਾ ਸਭੁ ਆਕਾਰੁ॥		Sabh Ko Jam Kae Cheerae Vich Hai Jaethaa Sabh Aakaar ||	Everyone, and all that has been created, is under the domination of Death.	ਜਿਤਨਾ ਭੀ ਜਗਤ ਦਿੱਸ ਰਿਹਾ ਹੈ (ਇਸ ਆਸਾ ਮਨਸਾ ਦੇ ਕਾਰਨ ਜਗਤ ਦਾ) ਹਰੇਕ ਜੀਵ ਆਤਮਕ ਮੌਤ ਦੇ ਪੰਜੇ ਵਿਚ ਹੈ।

36269	851	ਹੁਕਮੀ ਹੀ ਜਮੁ ਲਗਦਾ ਸੋ ਉਬਰੈ ਜਿਸੁ ਬਖਸੈ ਕਰਤਾਰੁ॥	ਲੱਗਦਾ	Hukamee Hee Jam Lagadhaa So Oubarai Jis Bakhasai Karathaar ||	By the Hukam of the Lord's Command, Death seizes the mortal; he alone is saved, whom the Creator Lord forgives.	(ਪਰ) ਇਹ ਆਤਮਕ ਮੌਤ (ਪਰਮਾਤਮਾ ਦੇ) ਹੁਕਮ ਵਿਚ ਹੀ ਵਿਆਪਦੀ ਹੈ (ਇਸ ਵਾਸਤੇ ਇਸ ਤੋਂ) ਉਹੀ ਬਚਦਾ ਹੈ ਜਿਸ ਉਤੇ ਕਰਤਾਰ ਮਿਹਰ ਕਰਦਾ ਹੈ (ਤੇ, ਪਰਮਾਤਮਾ ਬਖ਼ਸ਼ਸ਼ ਕਰਦਾ ਹੈ ਗੁਰੂ ਦੀ ਰਾਹੀਂ)।
36270	851	ਨਾਨਕ ਗੁਰ ਪਰਸਾਦੀ ਏਹੁ ਮਨੁ ਤਾਂ ਤਰੈ ਜਾ ਛੋਡੈ ਅਹੰਕਾਰੁ॥	ਅਹੰ-ਕਾਰੁ	Naanak Gur Parasaadhee Eaehu Man Thaan Tharai Jaa Shhoddai Ahankaar ||	O Nanak, by Guru's Grace, this mortal swims across, if he abandons his ego.	ਹੇ ਨਾਨਕ! ਜਦੋਂ ਗੁਰੂ ਦੀ ਕਿਰਪਾ ਨਾਲ ਮਨੁੱਖ (ਆਪਣੇ ਅੰਦਰੋਂ) ਅਹੰਕਾਰ ਦੂਰ ਕਰਦਾ ਹੈ, ਜਦੋਂ ਗੁਰੂ ਦੇ ਸ਼ਬਦ ਵਿਚ ਸੁਰਤ ਜੋੜਦਾ ਹੈ, ਤਦੋਂ ਮਨੁੱਖ ਦਾ ਮਨ (ਆਸਾ ਮਨਸਾ ਦੀ ਘੁੰਮਣ-ਘੇਰੀ ਵਿਚੋਂ) ਪਾਰ ਲੰਘ ਜਾਂਦਾ ਹੈ,
36271	851	ਆਸਾ ਮਨਸਾ ਮਾਰੇ ਨਿਰਾਸੁ ਹੋਇ ਗੁਰ ਸਬਦੀ ਵੀਚਾਰੁ॥੨॥		Aasaa Manasaa Maarae Niraas Hoe Gur Sabadhee Veechaar ||2||	Conquer hope and desire, and remain unattached; contemplate the Word of the Guru's Shabad. ||2||	ਆਸਾ ਮਨਸਾ ਨੂੰ ਮੁਕਾ ਲੈਂਦਾ ਹੈ (ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ) ਆਸਾਂ ਤੋਂ ਉਤਾਂਹ ਰਹਿੰਦਾ ਹੈ ॥੨॥
36272	851	ਪਉੜੀ॥	ਸਾਈਂ	Pourree ||	Pauree:	
36273	851	ਜਿਥੈ ਜਾਈਐ ਜਗਤ ਮਹਿ ਤਿਥੈ ਹਰਿ ਸਾਈ॥		Jithhai Jaaeeai Jagath Mehi Thithhai Har Saaee ||	Wherever I go in this world, I see the Lord there.	ਹੇ ਭਾਈ! ਸੰਸਾਰ ਵਿਚ ਜਿਸ ਥਾਂ ਭੀ ਜਾਈਏ, ਉਥੇ ਹੀ ਮਾਲਕ-ਪ੍ਰਭੂ ਹਾਜ਼ਰ ਹੈ।

36274	851	ਅਗੈ ਸਭੁ ਆਪੇ ਵਰਤਦਾ ਹਰਿ ਸਚਾ ਨਿਆਈ॥		Agai Sabh Aapae Varathadhaa Har Sachaa Niaaee ||	In the world hereafter as well, the Lord, the True Judge Himself, is pervading and permeating everywhere.	ਪਰਲੋਕ ਵਿਚ ਭੀ ਹਰ ਥਾਂ ਸੱਚਾ ਨਿਆਂ ਕਰਨ ਵਾਲਾ ਪਰਮਾਤਮਾ ਆਪ ਹੀ ਕਾਰ ਚਲਾ ਰਿਹਾ ਹੈ।
36275	851	ਕੂੜਿਆਰਾ ਕੇ ਮੁਹ ਫਿਟਕੀਅਹਿ ਸਚੁ ਭਗਤਿ ਵਡਿਆਈ॥	ਕੂੜਿਆਰਾਂ	Koorriaaraa Kae Muh Fittakeeahi Sach Bhagath Vaddiaaee ||	The faces of the false are cursed, while the true devotees are blessed with glorious greatness.	(ਉਸ ਦੀ ਹਜ਼ੂਰੀ ਵਿਚ) ਮਾਇਆ-ਗ੍ਰਸੇ ਜੀਵਾਂ ਨੂੰ ਫਿਟਕਾਰਾਂ ਪੈਂਦੀਆਂ ਹਨ। (ਪਰ ਜਿਨ੍ਹਾਂ ਦੇ ਹਿਰਦੇ ਵਿਚ) ਸਦਾ-ਥਿਰ ਹਰਿ-ਨਾਮ ਵੱਸਦਾ ਹੈ ਪ੍ਰਭੂ ਦੀ ਭਗਤੀ ਟਿਕੀ ਹੋਈ ਹੈ, ਉਹਨਾਂ ਨੂੰ ਆਦਰ ਮਿਲਦਾ ਹੈ।
36276	851	ਸਚੁ ਸਾਹਿਬੁ ਸਚਾ ਨਿਆਉ ਹੈ ਸਿਰਿ ਨਿੰਦਕ ਛਾਈ॥		Sach Saahib Sachaa Niaao Hai Sir Nindhak Shhaaee ||	True is the Lord and Master, and true is His justice. The heads of the slanderers are covered with ashes.	ਹੇ ਭਾਈ! ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ ਉਸ ਦਾ ਇਨਸਾਫ਼ ਭੀ ਅਟੱਲ ਹੈ। (ਉਸ ਦੇ ਨਿਆਂ ਅਨੁਸਾਰ ਹੀ ਗੁਰਮੁਖਾਂ ਦੀ) ਨਿੰਦਾ ਕਰਨ ਵਾਲੇ ਬੰਦਿਆਂ ਦੇ ਸਿਰ ਸੁਆਹ ਪੈਂਦੀ ਹੈ।
36277	851	ਜਨ ਨਾਨਕ ਸਚੁ ਅਰਾਧਿਆ ਗੁਰਮੁਖਿ ਸੁਖੁ ਪਾਈ॥੫॥		Jan Naanak Sach Araadhhiaa Guramukh Sukh Paaee ||5||	Servant Nanak worships the True Lord in adoration; as Gurmukh, he finds peace. ||5||	ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸ਼ਰਨ ਪੈ ਕੇ ਸਦਾ-ਥਿਰ ਪ੍ਰਭੂ ਨੂੰ ਸਿਮਰਿਆ ਹੈ ਉਹਨਾਂ ਨੂੰ ਆਤਮਕ ਆਨੰਦ ਮਿਲਿਆ ਹੈ ॥੫॥
36278	851	ਸਲੋਕ ਮਃ ੩॥		Salok Ma 3 ||	Shalok, Third Mehl:	

36279	851	ਪੂਰੈ ਭਾਗਿ ਸਤਿਗੁਰੁ ਪਾਈਐ ਜੇ ਹਰਿ ਪ੍ਰਭੁ ਬਖਸ ਕਰੇਇ॥		Poorai Bhaag Sathigur Paaeeai Jae Har Prabh Bakhas Karaee ||	By perfect destiny, one finds the True Guru, if the Lord God grants forgiveness.	ਹੇ ਭਾਈ! ਜੇ ਪਰਮਾਤਮਾ ਮਿਹਰ ਕਰੇ ਤਾਂ (ਮਨੁੱਖ ਨੂੰ) ਵੱਡੀ ਕਿਸਮਤ ਨਾਲ ਗੁਰੂ ਮਿਲ ਪੈਂਦਾ ਹੈ।
36280	851	ਓਪਾਵਾ ਸਿਰਿ ਓਪਾਉ ਹੈ ਨਾਉ ਪਰਾਪਤਿ ਹੋਇ॥		Oupaavaa Sir Oupaao Hai Naao Paraapath Hoe ||	Of all efforts, the best effort is to attain the Lord's Name.	(ਗੁਰੂ ਦਾ ਮਿਲਣਾ ਹੀ) ਸਾਰੇ ਵਸੀਲਿਆਂ ਨਾਲੋਂ ਵਧੀਆ ਵਸੀਲਾ ਹੈ (ਜਿਸ ਦੀ ਰਾਹੀਂ ਪਰਮਾਤਮਾ ਦਾ) ਨਾਮ ਹਾਸਲ ਹੁੰਦਾ ਹੈ।
36281	851	ਅੰਦਰੁ ਸੀਤਲੁ ਸਾਂਤਿ ਹੈ ਹਿਰਦੈ ਸਦਾ ਸੁਖੁ ਹੋਇ॥		Andhar Seethal Saanth Hai Hiradhai Sadhaa Sukh Hoe ||	It brings a cooling, soothing tranquility deep within the heart, and eternal peace.	(ਨਾਮ ਦੀ ਬਰਕਤ ਨਾਲ ਮਨੁੱਖ ਦਾ) ਮਨ ਠੰਢਾ-ਠਾਰ ਹੋ ਜਾਂਦਾ ਹੈ (ਮਨੁੱਖ ਦੇ) ਹਿਰਦੇ ਵਿਚ ਸਦਾ ਆਨੰਦ ਬਣਿਆ ਰਹਿੰਦਾ ਹੈ।
36282	851	ਅੰਮ੍ਰਿਤੁ ਖਾਣਾ ਪੈਨ੍ਹਣਾ ਨਾਨਕ ਨਾਇ ਵਡਿਆਈ ਹੋਇ॥੧॥		Anmrith Khaanaa Painhanaa Naanak Naae Vaddiaaee Hoe ||1||	Then, one eats and wears the Ambrosial Nectar; O Nanak, through the Name, comes glorious greatness. ||1||	ਹੇ ਨਾਨਕ! (ਸਤਿਗੁਰੂ ਦੇ ਮਿਲਣ ਨਾਲ ਜਿਸ ਮਨੁੱਖ ਦੀ) ਖ਼ੁਰਾਕ ਤੇ ਪੁਸ਼ਾਕ (ਭਾਵ, ਜ਼ਿੰਦਗੀ ਦਾ ਆਸਰਾ) ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਬਣ ਜਾਂਦਾ ਹੈ ਉਸ ਨੂੰ ਨਾਮ ਦੀ ਰਾਹੀਂ (ਹਰ ਥਾਂ) ਆਦਰ ਮਿਲਦਾ ਹੈ ॥੧॥
36283	851	ਮਃ ੩॥	ਸਿੱਖ	Ma 3 ||	Third Mehl:	

36284	851	ਏ ਮਨ ਗੁਰ ਕੀ ਸਿਖ ਸੁਣਿ ਪਾਇਹਿ ਗੁਣੀ ਨਿਧਾਨੁ॥		Eae Man Gur Kee Sikh Sun Paaeihi Gunee Nidhhaan ||	O mind,listening to the Guru's Teachings,you shall obtain the treasure of virtue.	ਹੇ ਮਨ! ਗੁਰੂ ਦੀ ਸਿੱਖਿਆ ਆਪਣੇ ਅੰਦਰ ਵਸਾ (ਇਸ ਤਰ੍ਹਾਂ) ਤੂੰ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਨੂੰ ਲੱਭ ਲਏਂਗਾ।
36285	851	ਸੁਖਦਾਤਾ ਤੇਰੈ ਮਨਿ ਵਸੈ ਹਉਮੈ ਜਾਇ ਅਭਿਮਾਨੁ॥		Sukhadhaathaa Thaerai Man Vasai Houmai Jaae Abhimaan ||	The Giver of peace shall dwell in your mind; you shall be rid of egotism and pride.	(ਸਾਰੇ) ਸੁਖ ਦੇਣ ਵਾਲਾ ਪਰਮਾਤਮਾ ਤੈਨੂੰ ਤੇਰੇ ਆਪਣੇ ਅੰਦਰ ਵੱਸਦਾ ਦਿੱਸ ਪਏਗਾ (ਤੇਰੇ ਅੰਦਰੋਂ) ਹਉਮੈ ਅਹੰਕਾਰ ਦੂਰ ਹੋ ਜਾਇਗਾ।
36286	851	ਨਾਨਕ ਨਦਰੀ ਪਾਈਐ ਅੰਮ੍ਰਿਤੁ ਗੁਣੀ ਨਿਧਾਨੁ॥੨॥		Naanak Nadharee Paaeeai Anmrith Gunee Nidhhaan ||2||	O Nanak, by His Grace, one is blessed with the Ambrosial Nectar of the treasure of virtue. ||2||	ਹੇ ਨਾਨਕ! ਆਤਮਕ ਜੀਵਨ ਦੇਣ ਵਾਲਾ ਤੇ ਸਾਰੇ ਗੁਣਾਂ ਦਾ ਖ਼ਜ਼ਾਨਾ ਪਰਮਾਤਮਾ (ਗੁਰੂ ਦੀ ਰਾਹੀਂ ਆਪਣੀ) ਮਿਹਰ ਦੀ ਨਿਗਾਹ ਨਾਲ (ਹੀ) ਮਿਲਦਾ ਹੈ ॥੨॥
36287	851	ਪਉੜੀ॥		Pourree ||	Pauree:	
36288	851	ਜਿਤਨੇ ਪਾਤਿਸਾਹ ਸਾਹ ਰਾਜੇ ਖਾਨ ਉਮਰਾਵ ਸਿਕਦਾਰ ਹਹਿ ਤਿਤਨੇ ਸਭਿ ਹਰਿ ਕੇ ਕੀਏ॥	(ਸਿਕਦਾਰ)ਥਾਣੇਦਾਰ, ਸਰਦਾਰ	Jithanae Paathisaah Saah Raajae Khaan Oumaraav Sikadhaar Hehi Thithanae Sabh Har Kae Keeeae ||	The kings, emperors, rulers, lords, nobles and chiefs, are all created by the Lord.	(ਹੇ ਭਾਈ! ਜਗਤ ਵਿਚ) ਜਿਤਨੇ ਭੀ ਸ਼ਾਹ, ਪਾਤਿਸ਼ਾਹ, ਰਾਜੇ, ਖ਼ਾਨ, ਅਮੀਰ ਤੇ ਸਰਦਾਰ ਹਨ, ਉਹ ਸਾਰੇ ਪਰਮਾਤਮਾ ਦੇ (ਹੀ) ਪੈਦਾ ਕੀਤੇ ਹੋਏ ਹਨ।

36289	851	ਜੋ ਕਿਛੁ ਹਰਿ ਕਰਾਵੈ ਸੁ ਓਇ ਕਰਹਿ ਸਭਿ ਹਰਿ ਕੇ ਅਰਥੀਏ॥	(ਅਰਥੀ-ਏ)ਮੰਗਤੇ	Jo Kishh Har Karaavai S Oue Karehi Sabh Har Kae Arathheeeae ||	Whatever the Lord causes them to do, they do; they are all beggars, dependent on the Lord.	ਜੋ ਕੁਝ ਪਰਮਾਤਮਾ (ਉਹਨਾਂ ਪਾਸੋਂ) ਕਰਾਂਦਾ ਹੈ ਉਹੀ ਉਹ ਕਰਦੇ ਹਨ, ਉਹ ਸਾਰੇ ਪਰਮਾਤਮਾ ਦੇ (ਦਰ ਦੇ ਹੀ) ਮੰਗਤੇ ਹਨ।
36290	851	ਸੋ ਐਸਾ ਹਰਿ ਸਭਨਾ ਕਾ ਪ੍ਰਭੁ ਸਤਿਗੁਰ ਕੈ ਵਲਿ ਹੈ ਤਿਨਿ ਸਭਿ ਵਰਨ ਚਾਰੇ ਖਾਣੀ ਸਭ ਸ੍ਰਿਸਟਿ ਗੋਲੇ ਕਰਿ ਸਤਿਗੁਰ ਅਗੈ ਕਾਰ ਕਮਾਵਣ ਕਉ ਦੀਏ॥	ਵੱਲਿ	So Aisaa Har Sabhanaa Kaa Prabh Sathigur Kai Val Hai Thin Sabh Varan Chaarae Khaanee Sabh Srisatt Golae Kar Sathigur Agai Kaar Kamaavan Ko Dheeeae ||	Such is God, the Lord of all; He is on the True Guru's side. All castes and social classes, the four sources of creation, and the whole universe are slaves of the True Guru; God makes them work for Him.	ਹੇ ਭਾਈ! ਇਹੋ ਜਿਹੀ ਸਮਰਥਾ ਵਾਲਾ ਸਭਨਾਂ ਜੀਵਾਂ ਦਾ ਮਾਲਕ ਉਹ ਪਰਮਾਤਮਾ (ਸਦਾ) ਸਤਿਗੁਰੂ ਦੇ ਪੱਖ ਤੇ ਰਹਿੰਦਾ ਹੈ। ਉਸ ਪਰਮਾਤਮਾ ਨੇ ਚਹੁੰਆਂ ਵਰਨਾਂ ਚਹੁੰਆਂ ਖਾਣੀਆਂ ਦੇ ਸਾਰੇ ਜੀਵ ਸਾਰੀ ਹੀ ਸ੍ਰਿਸ਼ਟੀ (ਦੇ ਜੀਵ) (ਗੁਰੂ ਦੇ) ਸੇਵਕ ਬਣਾ ਕੇ ਗੁਰੂ ਦੇ ਦਰ ਤੇ ਸੇਵਾ ਕਰਨ ਲਈ ਖੜੇ ਕੀਤੇ ਹੋਏ ਹਨ।

36291	851	ਹਰਿ ਸੇਵੇ ਕੀ ਐਸੀ ਵਡਿਆਈ ਦੇਖਹੁ ਹਰਿ ਸੰਤਹੁ ਜਿਨਿ ਵਿਚਹੁ ਕਾਇਆ ਨਗਰੀ ਦੁਸਮਨ ਦੂਤ ਸਭਿ ਮਾਰਿ ਕਢੀਏ॥	ਨੱਗਰੀ ਕੱਢੀਏ	Har Saevae Kee Aisee Vaddiaaee Dhaekhahu Har Santhahu Jin Vichahu Kaaeiaa Nagaree Dhusaman Dhooth Sabh Maar Kadteeeae ||	See the glorious greatness of serving the Lord, O Saints of the Lord; He has conquered and driven all the enemies and evil-doers out of the body-village.	ਹੇ ਸੰਤ ਜਨੋ! ਵੇਖੋ, ਪਰਮਾਤਮਾ ਦੀ ਭਗਤੀ ਕਰਨ ਦਾ ਇਹ ਗੁਣ ਹੈ ਕਿ ਉਸ (ਪਰਮਾਤਮਾ) ਨੇ (ਭਗਤੀ ਕਰਨ ਵਾਲੇ ਆਪਣੇ ਸੇਵਕ ਦੇ) ਸਰੀਰ-ਨਗਰ ਵਿਚੋਂ (ਕਾਮਾਦਿਕ) ਸਾਰੇ ਵੈਰੀ ਦੁਸ਼ਮਨ ਮਾਰ ਕੇ (ਬਾਹਰ) ਕੱਢ ਦਿੱਤੇ ਹੁੰਦੇ ਹਨ।
36292	851	ਹਰਿ ਹਰਿ ਕਿਰਪਾਲੁ ਹੋਆ ਭਗਤ ਜਨਾ ਉਪਰਿ ਹਰਿ ਆਪਣੀ ਕਿਰਪਾ ਕਰਿ ਹਰਿ ਆਪਿ ਰਖਿ ਲੀਏ॥੬॥		Har Har Kirapaal Hoaa Bhagath Janaa Oupar Har Aapanee Kirapaa Kar Har Aap Rakh Leeeae ||6||	The Lord, Har, Har, is Merciful to His humble devotees; granting His Grace, the Lord Himself protects and preserves them. ||6||	ਹੇ ਭਾਈ! ਪਰਮਾਤਮਾ ਆਪਣੇ ਭਗਤਾਂ ਉਤੇ (ਸਦਾ) ਦਇਆਵਾਨ ਹੁੰਦਾ ਹੈ। ਪਰਮਾਤਮਾ ਮਿਹਰ ਕਰ ਕੇ (ਆਪਣੇ ਭਗਤਾਂ ਨੂੰ ਕਾਮਾਦਿਕ ਵੈਰੀਆਂ ਤੋਂ) ਆਪ ਬਚਾਂਦਾ ਹੈ ॥੬॥
36293	851	ਸਲੋਕ ਮਃ ੩॥		Salok Ma 3 ||	Shalok, Third Mehl:	

36294	851	ਅੰਦਰਿ ਕਪਟੁ ਸਦਾ ਦੁਖੁ ਹੈ ਮਨਮੁਖ ਧਿਆਨੁ ਨ ਲਾਗੈ॥		Andhar Kapatt Sadhaa Dhukh Hai Manamukh Dhhiaan N Laagai ||	Fraud and hypocrisy within bring constant pain; the self-willed manmukh does not practice meditation.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੇ ਮਨ ਵਿਚ ਖੋਟ ਟਿਕਿਆ ਰਹਿੰਦਾ ਹੈ (ਇਸ ਵਾਸਤੇ ਉਸ ਨੂੰ) ਸਦਾ (ਆਤਮਕ) ਕਲੇਸ਼ ਰਹਿੰਦਾ ਹੈ, ਉਸ ਦੀ ਸੁਰਤ (ਪਰਮਾਤਮਾ ਵਿਚ) ਨਹੀਂ ਜੁੜਦੀ।
36295	851	ਦੁਖ ਵਿਚਿ ਕਾਰ ਕਮਾਵਣੀ ਦੁਖੁ ਵਰਤੈ ਦੁਖੁ ਆਗੈ॥		Dhukh Vich Kaar Kamaavanee Dhukh Varathai Dhukh Aagai ||	Suffering in pain, he does his deeds; he is immersed in pain, and he shall suffer in pain hereafter.	ਉਸ ਮਨੁੱਖ ਦੀ ਸਾਰੀ ਕਿਰਤ-ਕਾਰ ਦੁੱਖ-ਕਲੇਸ਼ ਵਿਚ ਹੀ ਹੁੰਦੀ ਹੈ (ਹਰ ਵੇਲੇ ਉਸ ਨੂੰ) ਕਲੇਸ਼ ਹੀ ਵਾਪਰਦਾ ਰਹਿੰਦਾ ਹੈ, ਪਰਲੋਕ ਵਿਚ ਭੀ ਉਸ ਦੇ ਵਾਸਤੇ ਕਲੇਸ਼ ਹੀ ਹੈ।
36296	851	ਕਰਮੀ ਸਤਿਗੁਰੁ ਭੇਟੀਐ ਤਾ ਸਚਿ ਨਾਮਿ ਲਿਵ ਲਾਗੈ॥		Karamee Sathigur Bhaetteeai Thaa Sach Naam Liv Laagai ||	By his karma, he meets the True Guru, and then, he is lovingly attuned to the True Name.	(ਜਦੋਂ ਪਰਮਾਤਮਾ ਦੀ) ਮਿਹਰ ਨਾਲ (ਮਨੁੱਖ ਨੂੰ) ਗੁਰੂ ਮਿਲਦਾ ਹੈ ਤਦੋਂ ਸਦਾ-ਥਿਰ ਹਰਿ-ਨਾਮ ਵਿਚ ਉਸ ਦੀ ਲਗਨ ਲੱਗ ਜਾਂਦੀ ਹੈ।
36297	851	ਨਾਨਕ ਸਹਜੇ ਸੁਖੁ ਹੋਇ ਅੰਦਰਹੁ ਭ੍ਰਮੁ ਭਉ ਭਾਗੈ॥੧॥		Naanak Sehajae Sukh Hoe Andharahu Bhram Bho Bhaagai ||1||	O Nanak, he is naturally at peace; doubt and fear run away and leave him. ||1||	ਹੇ ਨਾਨਕ! ਆਤਮਕ ਅਡੋਲਤਾ ਵਿਚ (ਟਿਕਣ ਕਰਕੇ ਉਸ ਨੂੰ ਆਤਮਕ) ਆਨੰਦ ਮਿਲਿਆ ਰਹਿੰਦਾ ਹੈ ਤੇ ਉਸ ਦੇ ਮਨ ਵਿਚੋਂ ਭਟਕਣਾ ਦੂਰ ਹੋ ਜਾਂਦੀ ਹੈ ਸਹਿਮ ਦੂਰ ਹੋ ਜਾਂਦਾ ਹੈ ॥੧॥
36298	851	ਮਃ ੩॥		Ma 3 ||	Third Mehl:	

36299	851	ਗੁਰਮੁਖਿ ਸਦਾ ਹਰਿ ਰੰਗੁ ਹੈ ਹਰਿ ਕਾ ਨਾਉ ਮਨਿ ਭਾਇਆ॥		Guramukh Sadhaa Har Rang Hai Har Kaa Naao Man Bhaaeiaa ||	The Gurmukh is in love with the Lord forever. The Name of the Lord is pleasing to his mind.	ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ (ਉਸ ਦੇ ਅੰਦਰ) ਸਦਾ ਪਰਮਾਤਮਾ ਦੇ ਨਾਮ ਦੀ ਰੰਗਣ ਚੜ੍ਹੀ ਰਹਿੰਦੀ ਹੈ, ਉਸ ਨੂੰ ਪਰਮਾਤਮਾ ਦਾ ਨਾਮ (ਆਪਣੇ) ਮਨ ਵਿਚ ਪਿਆਰਾ ਲੱਗਦਾ ਹੈ।
36300	852	ਗੁਰਮੁਖਿ ਵੇਖਣੁ ਬੋਲਣਾ ਨਾਮੁ ਜਪਤ ਸੁਖੁ ਪਾਇਆ॥		Guramukh Vaekhan Bolanaa Naam Japath Sukh Paaeiaa ||	The Gurmukh beholds and speaks the Naam, the Name of the Lord; chanting the Naam, he finds peace.	(ਉਹ ਮਨੁੱਖ ਹਰ ਥਾਂ ਪਰਮਾਤਮਾ ਨੂੰ ਹੀ) ਵੇਖਦਾ ਹੈ (ਸਦਾ ਪਰਮਾਤਮਾ ਦਾ) ਨਾਮ ਹੀ ਉਚਾਰਦਾ ਹੈ, ਨਾਮ ਜਪਦਿਆਂ ਉਸ ਨੂੰ ਆਤਮਕ ਆਨੰਦ ਮਿਲਿਆ ਰਹਿੰਦਾ ਹੈ।
36301	852	ਨਾਨਕ ਗੁਰਮੁਖਿ ਗਿਆਨੁ ਪ੍ਰਗਾਸਿਆ ਤਿਮਰ ਅਗਿਆਨੁ ਅੰਧੇਰੁ ਚੁਕਾਇਆ॥੨॥		Naanak Guramukh Giaan Pragaasiaa Thimar Agiaan Andhhaer Chukaaeiaa ||2||	O Nanak, the spiritual wisdom of the Gurmukh shines forth; the black darkness of ignorance is dispelled. ||2||	ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦੇ ਅੰਦਰ ਆਤਮਕ ਜੀਵਨ ਦੀ ਸੂਝ ਦਾ ਚਾਨਣ ਹੋ ਜਾਂਦਾ ਹੈ (ਜਿਸ ਦੀ ਬਰਕਤ ਨਾਲ ਉਸ ਦੇ ਅੰਦਰੋਂ) ਸਹੀ ਜੀਵਨ ਦੀ ਸੂਝ ਵਜੋਂ ਬੇ-ਸਮਝੀ ਦਾ ਘੁੱਪ ਹਨੇਰਾ ਮੁੱਕ ਜਾਂਦਾ ਹੈ ॥੨॥
36302	852	ਮਃ ੩॥		Ma 3 ||	Third Mehl:	
36303	852	ਮਨਮੁਖ ਮੈਲੇ ਮਰਹਿ ਗਵਾਰ॥		Manamukh Mailae Marehi Gavaar ||	The filthy, foolish, self-willed manmukhs die.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮੂਰਖ ਮਨੁੱਖ ਵਿਕਾਰੀ ਮਨ ਵਾਲੇ ਰਹਿੰਦੇ ਹਨ ਤੇ ਆਤਮਕ ਮੌਤ ਸਹੇੜ ਲੈਂਦੇ ਹਨ।

36304	852	ਗੁਰਮੁਖਿ ਨਿਰਮਲ ਹਰਿ ਰਾਖਿਆ ਉਰ ਧਾਰਿ॥		Guramukh Niramal Har Raakhiaa Our Dhhaar ||	The Gurmukhs are immaculate and pure; they keep the Lord enshrined within their hearts.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਪਵਿੱਤਰ ਜੀਵਨ ਵਾਲੇ ਹੁੰਦੇ ਹਨ (ਕਿਉਂਕਿ ਉਹਨਾਂ ਨੇ) ਪਰਮਾਤਮਾ (ਦੇ ਨਾਮ) ਨੂੰ ਆਪਣੇ ਹਿਰਦੇ ਵਿਚ ਟਿਕਾ ਰੱਖਿਆ ਹੁੰਦਾ ਹੈ।
36305	852	ਭਨਤਿ ਨਾਨਕੁ ਸੁਣਹੁ ਜਨ ਭਾਈ॥		Bhanath Naanak Sunahu Jan Bhaaee ||	Prays Nanak, listen, O Siblings of Destiny!	ਨਾਨਕ ਆਖਦਾ ਹੈ-ਹੇ ਭਾਈ ਜਨੋ! ਸੁਣੋ,
36306	852	ਸਤਿਗੁਰੁ ਸੇਵਿਹੁ ਹਉਮੈ ਮਲੁ ਜਾਈ॥		Sathigur Saevihu Houmai Mal Jaaee ||	Serve the True Guru, and the filth of your ego shall be gone.	ਗੁਰੂ ਦੇ ਦੱਸੇ ਰਾਹ ਉਤੇ ਤੁਰਿਆ ਕਰੋ (ਇਸ ਤਰ੍ਹਾਂ ਅੰਦਰੋਂ) ਹਉਮੈ ਦੀ ਮੈਲ ਦੂਰ ਹੋ ਜਾਂਦੀ ਹੈ।
36307	852	ਅੰਦਰਿ ਸੰਸਾ ਦੂਖੁ ਵਿਆਪੇ ਸਿਰਿ ਧੰਧਾ ਨਿਤ ਮਾਰ॥		Andhar Sansaa Dhookh Viaapae Sir Dhhandhhaa Nith Maar ||	Deep within, the pain of skepticism afflicts them; their heads are constantly assaulted by worldly entanglements.	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਦੇ ਅੰਦਰ ਸਹਿਮ ਤੇ ਕਲੇਸ਼ ਜ਼ੋਰ ਪਾਈ ਰੱਖਦਾ ਹੈ, ਉਹਨਾਂ ਦੇ ਸਿਰ ਉਤੇ (ਇਹੋ ਜਿਹਾ) ਕਜ਼ੀਆ ਖਪਾਣਾ ਬਣਿਆ ਹੀ ਰਹਿੰਦਾ ਹੈ।
36308	852	ਦੂਜੈ ਭਾਇ ਸੂਤੇ ਕਬਹੁ ਨ ਜਾਗਹਿ ਮਾਇਆ ਮੋਹ ਪਿਆਰ॥	ਸੁੱਤੇ	Dhoojai Bhaae Soothae Kabahu N Jaagehi Maaeiaa Moh Piaar ||	Asleep in the love of duality, they never wake up; they are attached to the love of Maya.	ਮਾਇਆ ਦੇ ਪਿਆਰ ਵਿਚ (ਫਸ ਕੇ ਉਹ ਸਹੀ ਜੀਵਨ ਵਲੋਂ) ਸੁੱਤੇ ਰਹਿੰਦੇ ਹਨ, ਕਦੇ ਹੋਸ਼ ਨਹੀਂ ਕਰਦੇ।

36309	852	ਨਾਮੁ ਨ ਚੇਤਹਿ ਸਬਦੁ ਨ ਵੀਚਾਰਹਿ ਇਹੁ ਮਨਮੁਖ ਕਾ ਬੀਚਾਰ॥		Naam N Chaethehi Sabadh N Veechaarehi Eihu Manamukh Kaa Beechaar ||	They do not remember the Name, and they do not contemplate the Word of the Shabad; this is the view of the self-willed manmukhs.	ਮਾਇਆ ਦਾ ਮੋਹ ਮਾਇਆ ਦਾ ਪਿਆਰ (ਇਤਨਾ ਪ੍ਰਬਲ ਹੁੰਦਾ ਹੈ ਕਿ) ਉਹ ਕਦੇ ਹਰਿ-ਨਾਮ ਨਹੀਂ ਸਿਮਰਦੇ, ਸਿਫ਼ਤਿ-ਸਾਲਾਹ ਦੀ ਬਾਣੀ ਨੂੰ ਨਹੀਂ ਵਿਚਾਰਦੇ-ਬੱਸ! ਮਨ ਦੇ ਮੁਰੀਦ ਬੰਦਿਆਂ ਦਾ ਸੋਚਣ ਦਾ ਢੰਗ ਹੀ ਇਹ ਬਣ ਜਾਂਦਾ ਹੈ।
36310	852	ਹਰਿ ਨਾਮੁ ਨ ਭਾਇਆ ਬਿਰਥਾ ਜਨਮੁ ਗਵਾਇਆ ਨਾਨਕ ਜਮੁ ਮਾਰਿ ਕਰੇ ਖੁਆਰ॥੩॥		Har Naam N Bhaaeiaa Birathhaa Janam Gavaaeiaa Naanak Jam Maar Karae Khuaar ||3||	They do not love the Lord's Name, and they lose their life uselessly. O Nanak, the Messenger of Death attacks them, and humiliates them. ||3||	ਉਹਨਾਂ ਨੂੰ ਪਰਮਾਤਮਾ ਦਾ ਨਾਮ ਚੰਗਾ ਨਹੀਂ ਲੱਗਦਾ, ਉਹ ਆਪਣੀ ਜ਼ਿੰਦਗੀ ਵਿਅਰਥ ਗਵਾ ਲੈਂਦੇ ਹਨ, ਆਤਮਕ ਮੌਤ ਉਹਨਾਂ ਦੇ ਸਹੀ ਜੀਵਨ ਨੂੰ ਮਾਰ-ਮੁਕਾ ਕੇ ਉਹਨਾਂ ਨੂੰ ਖ਼ੁਆਰ ਕਰਦੀ ਹੈ ॥੩॥
36311	852	ਪਉੜੀ॥		Pourree ||	Pauree:	
36312	852	ਜਿਸ ਨੋ ਹਰਿ ਭਗਤਿ ਸਚੁ ਬਖਸੀਅਨੁ ਸੋ ਸਚਾ ਸਾਹੁ॥		Jis No Har Bhagath Sach Bakhaseean So Sachaa Saahu ||	He alone is a true king, whom the Lord blesses with true devotion.	ਹੇ ਭਾਈ! ਪਰਮਾਤਮਾ ਦੀ ਭਗਤੀ ਸਦਾ ਕਾਇਮ ਰਹਿਣ ਵਾਲਾ ਧਨ ਹੈ। ਜਿਸ ਮਨੁੱਖ ਨੂੰ ਪਰਮਾਤਮਾ ਨੇ ਭਗਤੀ (ਦੀ ਦਾਤਿ) ਬਖ਼ਸ਼ੀ, ਉਹ ਸਦਾ ਲਈ ਸ਼ਾਹੂਕਾਰ ਬਣ ਗਿਆ।

36313	852	ਤਿਸ ਕੀ ਮੁਹਤਾਜੀ ਲੋਕੁ ਕਢਦਾ ਹੋਰਤੁ ਹਟਿ ਨ ਵਥੁ ਨ ਵੇਸਾਹੁ॥	(ਮੁਹਤਾਜੀ)ਖੁਸ਼ਾਮਦੀ। ਹੱਟਿ	This Kee Muhathaajee Lok Kadtadhaa Horath Hatt N Vathh N Vaesaahu ||	People pledge their allegiance to him; no other store stocks this merchandise, nor deals in this trade.	ਸਾਰਾ ਜਗਤ ਉਸ ਦੇ ਦਰ ਦਾ ਅਰਥੀਆ ਬਣਦਾ ਹੈ (ਕਿਉਂਕਿ) ਕਿਸੇ ਹੋਰ ਹੱਟ ਵਿਚ ਨਾਹ ਇਹ ਸੌਦਾ ਹੁੰਦਾ ਹੈ ਨਾਹ ਇਸ ਦਾ ਵਣਜ ਹੁੰਦਾ ਹੈ।
36314	852	ਭਗਤ ਜਨਾ ਕਉ ਸਨਮੁਖੁ ਹੋਵੈ ਸੁ ਹਰਿ ਰਾਸਿ ਲਏ ਵੇਮੁਖ ਭਸੁ ਪਾਹੁ॥	ਭਸ:ਪੋਲਾ ਬੋਲੋ	Bhagath Janaa Ko Sanamukh Hovai S Har Raas Leae Vaemukh Bhas Paahu ||	That humble devotee who turns his face towards the Guru and becomes sunmukh, receives the Lord's wealth; the faithless baymukh, who turns his face away from the Guru, gathers only ashes.	ਜਿਹੜਾ ਮਨੁੱਖ ਭਗਤ ਜਨਾਂ ਵਲ ਆਪਣਾ ਮੂੰਹ ਰੱਖਦਾ ਹੈ, ਉਸ ਨੂੰ ਇਹ ਸਰਮਾਇਆ ਮਿਲ ਜਾਂਦਾ ਹੈ, ਪਰ ਭਗਤ ਜਨਾਂ ਵਲੋਂ ਮੂੰਹ ਮੋੜਨ ਵਾਲੇ ਦੇ ਸਿਰ ਸੁਆਹ ਹੀ ਪੈਂਦੀ ਹੈ।
36315	852	ਹਰਿ ਕੇ ਨਾਮ ਕੇ ਵਾਪਾਰੀ ਹਰਿ ਭਗਤ ਹਹਿ ਜਮੁ ਜਾਗਾਤੀ ਤਿਨਾ ਨੇੜਿ ਨ ਜਾਹੁ॥		Har Kae Naam Kae Vaapaaree Har Bhagath Hehi Jam Jaagaathee Thinaa Naerr N Jaahu ||	The Lord's devotees are dealers in the Name of the Lord. The Messenger of Death, the tax-collector, does not even approach them.	ਹੇ ਭਾਈ! ਪਰਮਾਤਮਾ ਦੇ ਭਗਤ ਪਰਮਾਤਮਾ ਦੇ ਨਾਮ ਦਾ ਵਣਜ ਕਰਦੇ ਹਨ, ਜਮ ਮਸੂਲੀਆ ਉਹਨਾਂ ਦੇ ਨੇੜੇ ਨਹੀਂ ਢੁਕਦਾ।

36316	852	ਜਨ ਨਾਨਕਿ ਹਰਿ ਨਾਮ ਧਨੁ ਲਦਿਆ ਸਦਾ ਵੇਪਰਵਾਹੁ॥੭॥	ਲੱਦਿਆ	Jan Naanak Har Naam Dhhan Ladhiaa Sadhaa Vaeparavaahu ||7||	Servant Nanak has loaded the wealth of the Name of the Lord, who is forever independent and care-free. ||7||	ਦਾਸ ਨਾਨਕ ਨੇ (ਭੀ) ਪਰਮਾਤਮਾ ਦੇ ਨਾਮ-ਧਨ ਦਾ ਸੌਦਾ ਲੱਦਿਆ ਹੈ (ਇਸ ਵਾਸਤੇ ਦੁਨੀਆ ਦੇ ਧਨ ਵਲੋਂ) ਬੇ-ਮੁਥਾਜ ਰਹਿੰਦਾ ਹੈ ॥੭॥
36317	852	ਸਲੋਕ ਮਃ ੩॥	ਭਗਤੀਂ। ਜੱਗਤੁ	Salok Ma 3 ||	Shalok, Third Mehl:	
36318	852	ਇਸੁ ਜੁਗ ਮਹਿ ਭਗਤੀ ਹਰਿ ਧਨੁ ਖਟਿਆ ਹੋਰੁ ਸਭੁ ਜਗਤੁ ਭਰਮਿ ਭੁਲਾਇਆ॥		Eis Jug Mehi Bhagathee Har Dhhan Khattiaa Hor Sabh Jagath Bharam Bhulaaeiaa ||	In this age, the devotee earns the wealth of the Lord; all the rest of the world wanders deluded in doubt.	ਹੇ ਭਾਈ! ਇਸ ਮਨੁੱਖਾ ਜਨਮ ਵਿਚ (ਸਿਰਫ਼) ਭਗਤਾਂ ਨੇ (ਹੀ) ਪਰਮਾਤਮਾ ਦਾ ਨਾਮ-ਧਨ ਖੱਟਿਆ ਹੈ, ਹੋਰ ਸਾਰਾ ਜਗਤ (ਮਾਇਆ ਦੀ) ਭਟਕਣਾ ਵਿਚ (ਪੈ ਕੇ, ਸਹੀ ਜੀਵਨ-ਰਾਹ ਤੋਂ) ਖੁੰਝਿਆ ਰਹਿੰਦਾ ਹੈ।
36319	852	ਗੁਰ ਪਰਸਾਦੀ ਨਾਮੁ ਮਨਿ ਵਸਿਆ ਅਨ ਦਿਨੁ ਨਾਮੁ ਧਿਆਇਆ॥		Gur Parasaadhee Naam Man Vasiaa Anadhin Naam Dhhiaaeiaa ||	By Guru's Grace, the Naam, the Name of the Lord, comes to dwell in his mind; night and day, he meditates on the Naam.	(ਜਿਸ ਮਨੁੱਖ ਦੇ) ਮਨ ਵਿਚ ਗੁਰੂ ਦੀ ਮਿਹਰ ਨਾਲ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਉਹ ਹਰ ਵੇਲੇ ਨਾਮ ਸਿਮਰਦਾ ਹੈ।
36320	852	ਬਿਖਿਆ ਮਾਹਿ ਉਦਾਸ ਹੈ ਹਉਮੈ ਸਬਦਿ ਜਲਾਇਆ॥		Bikhiaa Maahi Oudhaas Hai Houmai Sabadh Jalaaeiaa ||	In the midst of corruption, he remains detached; through the Word of the Shabad, he burns away his ego.	ਉਹ ਮਾਇਆ ਵਿਚ (ਵਿਚਰਦਾ ਹੋਇਆ ਭੀ ਮਾਇਆ ਦੇ ਮੋਹ ਤੋਂ) ਨਿਰਲੇਪ ਰਹਿੰਦਾ ਹੈ, ਗੁਰੂ ਦੇ ਸ਼ਬਦ ਦੀ ਬਰਕਤ ਨਾਲ (ਉਹ ਆਪਣੇ ਅੰਦਰੋਂ) ਹਉਮੈ ਸਾੜ ਦੇਂਦਾ ਹੈ।

36321	852	ਆਪਿ ਤਰਿਆ ਕੁਲ ਉਧਰੇ ਧੰਨੁ ਜਣੇਦੀ ਮਾਇਆ॥		Aap Thariaa Kul Oudhharae Dhhann Janaedhee Maaeiaa ||	He crosses over, and saves his relatives as well; blessed is the mother who gave birth to him.	ਧੰਨ ਹੈ ਉਸ ਦੀ ਜੰਮਣ ਵਾਲੀ ਮਾਂ! ਉਹ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ (ਉਸ ਦਾ ਸਦਕਾ ਉਸ ਦੀਆਂ) ਕੁਲਾਂ ਭੀ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦੀਆਂ ਹਨ।
36322	852	ਸਦਾ ਸਹਜੁ ਸੁਖੁ ਮਨਿ ਵਸਿਆ ਸਚੇ ਸਿਉ ਲਿਵ ਲਾਇਆ॥		Sadhaa Sehaj Sukh Man Vasiaa Sachae Sio Liv Laaeiaa ||	Peace and poise fill his mind forever, and he embraces love for the True Lord.	ਉਸ ਦੇ ਮਨ ਵਿੱਚ ਸਦਾ ਹੀ ਆਤਮਕ ਅਡੋਲਤਾ ਦਾ ਆਨੰਦ ਟਿਕਿਆ ਰਹਿੰਦਾ ਹੈ ਅਤੇ ਉਹ ਸਦਾ-ਥਿਰ ਪ੍ਰਭੂ ਨਾਲ ਆਪਣੀ ਬ੍ਰਿਤੀ ਜੋੜ ਕੇ ਰੱਖਦਾ ਹੈ।
36323	852	ਬ੍ਰਹਮਾ ਬਿਸਨੁ ਮਹਾਦੇਉ ਤ੍ਰੈ ਗੁਣ ਭੁਲੇ ਹਉਮੈ ਮੋਹੁ ਵਧਾਇਆ॥		Brehamaa Bisan Mehaadhaeo Thrai Gun Bhulae Houmai Mohu Vadhhaaeiaa ||	Brahma, Vishnu and Shiva wander in the three qualities, while their egotism and desire increase.	(ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ) ਬ੍ਰਹਮਾ, ਵਿਸ਼ਨੂ, ਸ਼ਿਵ ਜੀ (ਵਰਗੇ ਵੱਡੇ ਵੱਡੇ ਦੇਵਤੇ ਭੀ) ਮਾਇਆ ਦੇ ਤਿੰਨ ਗੁਣਾਂ ਦੇ ਕਾਰਨ ਸਹੀ ਜੀਵਨ-ਰਾਹ ਤੋਂ ਖੁੰਝਦੇ ਰਹੇ (ਉਹਨਾਂ ਦੇ ਅੰਦਰ) ਹਉਮੈ ਵਧਦੀ ਰਹੀ (ਮਾਇਆ ਦਾ) ਮੋਹ ਵਧਦਾ ਰਿਹਾ।

36324	852	ਪੰਡਿਤ ਪੜਿ ਪੜਿ ਮੋਨੀ ਭੁਲੇ ਦੂਜੈ ਭਾਇ ਚਿਤੁ ਲਾਇਆ॥	ਪੜ੍ਹਿ।ਪੜ੍ਹਿ।ਭੁੱਲੇ	Panddith Parr Parr Monee Bhulae Dhoojai Bhaae Chith Laaeiaa ||	The Pandits, the religious scholars and the silent sages read and debate in confusion; their consciousness is centered on the love of duality.	(ਹੇ ਭਾਈ! ਗੁਰੂ ਦੀ ਸਰਨ ਤੋਂ ਬਿਨਾ) ਪੰਡਿਤ (ਵੇਦ ਆਦਿਕ ਧਰਮ-ਪੁਸਤਕ) ਪੜ੍ਹ ਪੜ੍ਹ ਕੇ (ਭੀ) ਖੁੰਝਦੇ ਰਹੇ, ਮੁਨੀ ਲੋਕ (ਮੋਨ ਧਾਰ ਕੇ) ਖੁੰਝਦੇ ਰਹੇ, (ਉਹਨਾਂ ਨੇ ਭੀ) ਮਾਇਆ ਦੇ ਮੋਹ ਵਿਚ ਹੀ ਆਪਣਾ ਚਿੱਤ ਜੋੜੀ ਰੱਖਿਆ।
36325	852	ਜੋਗੀ ਜੰਗਮ ਸੰਨਿਆਸੀ ਭੁਲੇ ਵਿਣੁ ਗੁਰ ਤਤੁ ਨ ਪਾਇਆ॥	ਭੁੱਲੇ ਤੱਤੁ	Jogee Jangam Sanniaasee Bhulae Vin Gur Thath N Paaeiaa ||	The Yogis, wandering pilgrims and Sanyaasees are deluded; without the Guru, they do not find the essence of reality.	ਹੇ ਭਾਈ! ਗੁਰੂ ਤੋਂ ਬਿਨਾ ਜੋਗੀ ਜੰਗਮ ਸੰਨਿਆਸੀ ਭੀ ਕੁਰਾਹੇ ਪਏ ਰਹੇ, ਉਹਨਾਂ ਨੇ ਭੀ ਅਸਲੀ ਵਸਤ ਨਾਹ ਲੱਭੀ।
36326	852	ਮਨਮੁਖ ਦੁਖੀਏ ਸਦਾ ਭ੍ਰਮਿ ਭੁਲੇ ਤਿਨੀ ਬਿਰਥਾ ਜਨਮੁ ਗਵਾਇਆ॥		Manamukh Dhukheeeae Sadhaa Bhram Bhulae Thinhee Birathhaa Janam Gavaaeiaa ||	The miserable self-willed manmukhs are forever deluded by doubt; they waste away their lives uselessly.	ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਸਦਾ ਦੁਖੀ ਹੀ ਰਹੇ, ਭਟਕਣਾ ਵਿਚ ਪੈ ਕੇ ਸਹੀ ਜੀਵਨ-ਰਾਹ ਤੋਂ ਖੁੰਝੇ ਹੀ ਰਹੇ, ਉਹਨਾਂ ਆਪਣਾ ਜਨਮ ਵਿਅਰਥ ਹੀ ਗਵਾਇਆ।

36327	852	ਨਾਨਕ ਨਾਮਿ ਰਤੇ ਸੇਈ ਜਨ ਸਮਧੇ ਜਿ ਆਪੇ ਬਖਸਿ ਮਿਲਾਇਆ॥੧॥	(ਸਮ-ਧੇ) ਸਮਝੇ। ਸਮਧੇ:ਪੋਲਾ ਬੋਲੋ। ਸਮਾਏ	Naanak Naam Rathae Saeee Jan Samadhhae J Aapae Bakhas Milaaeiaa ||1||	O Nanak, those who are imbued with the Naam are balanced and poised; forgiving them, the Lord blends them with Himself. ||1||	ਪਰ, ਹੇ ਨਾਨਕ! (ਜੀਵਾਂ ਦੇ ਕੀਹ ਵੱਸ?) ਜਿਨ੍ਹਾਂ ਮਨੁੱਖ ਨੂੰ (ਪਰਮਾਤਮਾ) ਆਪ ਹੀ ਮਿਹਰ ਕਰ ਕੇ (ਆਪਣੇ ਚਰਨਾਂ ਵਿਚ) ਮਿਲਾਂਦਾ ਹੈ, ਉਹ (ਉਸ ਦੇ) ਨਾਮ ਵਿਚ ਰੰਗੇ ਰਹਿੰਦੇ ਹਨ ਤੇ ਉਹੀ ਕਾਮਯਾਬ ਜੀਵਨ ਵਾਲੇ ਹੁੰਦੇ ਹਨ ॥੧॥
36328	852	ਮਃ ੩॥		Ma 3 ||	Third Mehl:	
36329	852	ਨਾਨਕ ਸੋ ਸਾਲਾਹੀਐ ਜਿਸੁ ਵਸਿ ਸਭੁ ਕਿਛੁ ਹੋਇ॥		Naanak So Saalaaheeai Jis Vas Sabh Kishh Hoe ||	O Nanak, praise Him, who has control over everything.	ਹੇ ਨਾਨਕ! (ਆਖ-ਹੇ ਭਾਈ!) ਜਿਸ ਪਰਮਾਤਮਾ ਦੇ ਇਖ਼ਤਿਆਰ ਵਿਚ ਹਰੇਕ ਚੀਜ਼ ਹੈ ਉਸ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ।
36330	852	ਤਿਸਹਿ ਸਰੇਵਹੁ ਪ੍ਰਾਣੀਹੋ ਤਿਸੁ ਬਿਨੁ ਅਵਰੁ ਨ ਕੋਇ॥		Thisehi Saraevahu Praaneeho This Bin Avar N Koe ||	Remember Him, O mortals - without Him, there is no other at all.	ਹੇ ਪ੍ਰਾਣੀਓ! ਉਸ ਪ੍ਰਭੂ ਨੂੰ (ਸਦਾ) ਸਿਮਰਦੇ ਰਹੋ, ਉਸ ਤੋਂ ਬਿਨਾ ਕੋਈ ਹੋਰ (ਉਸ ਵਰਗਾ) ਨਹੀਂ ਹੈ।

36331	852	ਗੁਰਮੁਖਿ ਅੰਤਰਿ ਮਨਿ ਵਸੈ ਸਦਾ ਸਦਾ ਸੁਖੁ ਹੋਇ॥੨॥		Guramukh Anthar Man Vasai Sadhaa Sadhaa Sukh Hoe ||2||	He dwells deep within those who are Gurmukh; forever and ever, they are at peace. ||2||	ਪਰ, ਹੇ ਭਾਈ! ਗੁਰੂ ਦੀ ਸਰਨ ਪਿਆਂ ਹੀ (ਉਹ ਪਰਮਾਤਮਾ ਮਨੁੱਖ ਦੇ) ਹਿਰਦੇ ਵਿਚ ਮਨ ਵਿਚ ਵੱਸਦਾ ਹੈ (ਜਿਸ ਦੇ ਅੰਦਰ ਆ ਵੱਸਦਾ ਹੈ, ਉਸ ਦੇ ਅੰਦਰ) ਸਦਾ ਹੀ ਆਤਮਕ ਆਨੰਦ ਬਣਿਆ ਰਹਿੰਦਾ ਹੈ ॥੨॥
36332	852	ਪਉੜੀ॥		Pourree ||	Pauree:	
36333	852	ਜਿਨੀ ਗੁਰਮੁਖਿ ਹਰਿ ਨਾਮ ਧਨੁ ਨ ਖਟਿਓ ਸੇ ਦੇਵਾਲੀਏ ਜੁਗ ਮਾਹਿ॥	(ਦੇਵਾਲੀਏ)ਅਪਨਾ ਸਭ ਕੁੱਝ ਨਾਸ ਕਰਨ ਵਾਲੇ, ਕਰਜ਼ਾਈ। ਜੁੱਗ। ਖੱਟਿਓ	Jinee Guramukh Har Naam Dhhan N Khattiou Sae Dhaevaaleeeae Jug Maahi ||	Those who do not become Gurmukh and earn the wealth of the Lord's Name, are bankrupt in this age.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ-ਧਨ ਨਹੀਂ ਕਮਾਇਆ, ਉਹ ਜਗਤ ਵਿਚ ਮਨੁੱਖਾ ਜੀਵਨ ਦੀ ਬਾਜ਼ੀ ਹਾਰ ਚੁਕੇ ਸਮਝੋ (ਜਿਵੇਂ ਜੁਆਰੀਆ ਜੂਏ ਵਿਚ ਹਾਰ ਕੇ ਕੰਗਾਲ ਹੋ ਜਾਂਦਾ ਹੈ)।
36334	852	ਓਇ ਮੰਗਦੇ ਫਿਰਹਿ ਸਭ ਜਗਤ ਮਹਿ ਕੋਈ ਮੁਹਿ ਥੁਕ ਨ ਤਿਨ ਕਉ ਪਾਹਿ॥		Oue Mangadhae Firehi Sabh Jagath Mehi Koee Muhi Thhuk N Thin Ko Paahi ||	They wander around begging all over the world, but no one even spits in their faces.	ਇਹੋ ਜਿਹੇ ਮਨੁੱਖ (ਉਹਨਾਂ ਮੰਗਤਿਆਂ ਵਰਗੇ ਹਨ ਜੋ) ਸਾਰੇ ਸੰਸਾਰ ਵਿਚ ਮੰਗਦੇ ਫਿਰਦੇ ਹਨ, ਪਰ ਉਹਨਾਂ ਦੇ ਮੂੰਹ ਉਤੇ ਕੋਈ ਥੁੱਕਦਾ ਭੀ ਨਹੀਂ।

36335	852	ਪਰਾਈ ਬਖੀਲੀ ਕਰਹਿ ਆਪਣੀ ਪਰਤੀਤਿ ਖੋਵਨਿ ਸਗਵਾ ਭੀ ਆਪੁ ਲਖਾਹਿ॥	(ਸਗਵਾ)ਸਗੋਂ। ਸਗਵਾ:ਪੋਲਾ ਬੋਲੋ	Paraaee Bakheelee Karehi Aapanee Paratheeth Khovan Sagavaa Bhee Aap Lakhaahi ||	They gossip about others, and lose their credit, and expose themselves as well.	ਹੇ ਭਾਈ! ਇਹੋ ਜਿਹੇ ਬੰਦੇ ਦੂਜਿਆਂ ਦੀ ਨਿੰਦਾ ਕਰਦੇ ਹਨ (ਤੇ ਇਸ ਤਰ੍ਹਾਂ) ਆਪਣਾ ਇਤਬਾਰ ਗਵਾ ਲੈਂਦੇ ਹਨ, ਸਗੋਂ ਚੰਗੀ ਤਰ੍ਹਾਂ ਆਪਣਾ (ਭੈੜਾ) ਅਸਲਾ ਨਸ਼ਰ ਕਰਦੇ ਹਨ।
36336	852	ਜਿਸੁ ਧਨ ਕਾਰਣਿ ਚੁਗਲੀ ਕਰਹਿ ਸੋ ਧਨੁ ਚੁਗਲੀ ਹਥਿ ਨ ਆਵੈ ਓਇ ਭਾਵੈ ਤਿਥੈ ਜਾਹਿ॥		Jis Dhhan Kaaran Chugalee Karehi So Dhhan Chugalee Hathh N Aavai Oue Bhaavai Thithhai Jaahi ||	That wealth, for which they slander others, does not come into their hands, no matter where they go.	ਅਜੇਹੇ ਮਨੁੱਖ ਜਿਥੇ ਜੀ ਚਾਹੇ ਜਾਣ, ਜਿਸ ਧਨ ਦੀ ਖ਼ਾਤਰ (ਲਾਲਚ ਵਿਚ ਆ ਕੇ) ਚੁਗ਼ਲੀ ਕਰਦੇ ਹਨ, ਚੁਗਲੀ ਨਾਲ ਉਹ ਧਨ ਉਹਨਾਂ ਨੂੰ ਲੱਭਦਾ ਨਹੀਂ।
36337	853	ਗੁਰਮੁਖਿ ਸੇਵਕ ਭਾਇ ਹਰਿ ਧਨੁ ਮਿਲੈ ਤਿਥਹੁ ਕਰਮਹੀਣ ਲੈ ਨ ਸਕਹਿ ਹੋਰ ਥੈ ਦੇਸ ਦਿਸੰਤਰਿ ਹਰਿ ਧਨੁ ਨਾਹਿ॥੮॥		Guramukh Saevak Bhaae Har Dhhan Milai Thithhahu Karameheen Lai N Sakehi Hor Thhai Dhaes Dhisanthar Har Dhhan Naahi ||8||	Through loving service, the Gurmukhs receive the wealth of the Naam, but the unfortunate ones cannot receive it. This wealth is not found anywhere else, in this country or in any other. ||8||	ਹੇ ਭਾਈ! ਸੇਵਕ-ਭਾਵਨਾ ਨਾਲ ਗੁਰੂ ਦੀ ਸਰਨ ਪਿਆਂ ਹੀ ਪਰਮਾਤਮਾ ਦਾ ਨਾਮ-ਧਨ ਮਿਲਦਾ ਹੈ; ਪਰ ਉਹ (ਨਿੰਦਕ) ਅਭਾਗੇ ਉਥੋਂ (ਗੁਰੂ-ਦਰ ਤੋਂ) ਇਹ ਧਨ ਲੈ ਨਹੀਂ ਸਕਦੇ (ਤੇ, ਗੁਰੂ-ਦਰ ਤੋਂ ਬਿਨਾ) ਕਿਸੇ ਹੋਰ ਥਾਂ ਕਿਸੇ ਹੋਰ ਦੇਸ ਵਿਚ ਇਹ ਨਾਮ-ਧਨ ਹੈ ਹੀ ਨਹੀਂ ॥੮॥
36338	853	ਸਲੋਕ ਮਃ ੩॥		Salok Ma 3 ||	Shalok, Third Mehl:	

36339	853	ਗੁਰਮੁਖਿ ਸੰਸਾ ਮੂਲਿ ਨ ਹੋਵਈ ਚਿੰਤਾ ਵਿਚਹੁ ਜਾਇ॥		Guramukh Sansaa Mool N Hovee Chinthaa Vichahu Jaae ||	The Gurmukh does not have an iota of skepticism or doubt; worries depart from within him.	ਹੇ ਭਾਈ! ਜਿਹੜੇ ਮਨੁੱਖ ਗੁਰੂ ਦੇ ਸਨਮੁਖ ਰਹਿੰਦੇ ਹਨ, ਉਹਨਾਂ ਨੂੰ (ਕਿਸੇ ਕਿਸਮ ਦਾ) ਤੌਖ਼ਲਾ ਉੱਕਾ ਹੀ ਨਹੀਂ ਹੁੰਦਾ, ਉਹਨਾਂ ਦੇ ਅੰਦਰੋਂ ਚਿੰਤਾ ਦੂਰ ਹੋ ਜਾਂਦੀ ਹੈ।
36340	853	ਜੋ ਕਿਛੁ ਹੋਇ ਸੁ ਸਹਜੇ ਹੋਇ ਕਹਣਾ ਕਿਛੂ ਨ ਜਾਇ॥		Jo Kishh Hoe S Sehajae Hoe Kehanaa Kishhoo N Jaae ||	Whatever he does, he does with grace and poise. Nothing else can be said about him.	(ਉਹਨਾਂ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ ਸੰਸਾਰ ਵਿਚ) ਜੋ ਕੁਝ ਹੋ ਰਿਹਾ ਹੈ ਉਹ ਪਰਮਾਤਮਾ ਦੀ ਰਜ਼ਾ ਵਿਚ ਹੋ ਰਿਹਾ ਹੈ, ਉਸ ਉਤੇ ਕੋਈ ਇਤਰਾਜ਼ ਨਹੀਂ ਕੀਤਾ ਜਾ ਸਕਦਾ।
36341	853	ਨਾਨਕ ਤਿਨ੍ ਕਾ ਆਖਿਆ ਆਪਿ ਸੁਣੇ ਜਿ ਲਇਅਨੁ ਪੰਨੈ ਪਾਇ॥੧॥		Naanak Thin Kaa Aakhiaa Aap Sunae J Laeian Pannai Paae ||1||	O Nanak, the Lord Himself hears the speech of those whom He makes His own. ||1||	ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਆਪਣੇ ਲੜ ਲਾ ਲੈਂਦਾ ਹੈ ਉਹਨਾਂ ਦੀ ਅਰਜ਼ੋਈ (ਪਰਮਾਤਮਾ ਸਦਾ) ਆਪ ਸੁਣਦਾ ਹੈ ॥੧॥
36342	853	ਮਃ ੩॥		Ma 3 ||	Third Mehl:	
36343	853	ਕਾਲੁ ਮਾਰਿ ਮਨਸਾ ਮਨਹਿ ਸਮਾਣੀ ਅੰਤਰਿ ਨਿਰਮਲੁ ਨਾਉ॥		Kaal Maar Manasaa Manehi Samaanee Anthar Niramal Naao ||	He conquers death, and subdues the desires of his mind; the Immaculate Name abides deep within him.	ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਪਵਿੱਤਰ ਨਾਮ ਵੱਸਦਾ ਹੈ ਉਹ ਆਤਮਕ ਮੌਤ ਨੂੰ ਮੁਕਾ ਕੇ ਮਨ ਦੇ ਮਾਇਕ ਫੁਰਨੇ ਨੂੰ ਮਨ ਵਿਚ ਹੀ ਦੱਬ ਦੇਂਦਾ ਹੈ।

36344	853	ਅਨ ਦਿਨੁ ਜਾਗੈ ਕਦੇ ਨ ਸੋਵੈ ਸਹਜੇ ਅੰਮ੍ਰਿਤੁ ਪਿਆਉ॥		Anadhin Jaagai Kadhae N Sovai Sehajae Anmrith Piaao ||	Night and day, he remains awake and aware; he never sleeps, and he intuitively drinks in the Ambrosial Nectar.	ਉਹ ਮਨੁੱਖ (ਮਾਇਆ ਦੇ ਹੱਲਿਆਂ ਵਲੋਂ) ਹਰ ਵੇਲੇ ਸੁਚੇਤ ਰਹਿੰਦਾ ਹੈ, ਕਦੇ ਉਹ (ਗ਼ਫ਼ਲਤ ਦੀ ਨੀਂਦ ਵਿਚ) ਨਹੀਂ ਸੌਂਦਾ। ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦਾ ਨਾਮ-ਅੰਮ੍ਰਿਤ (ਉਸ ਦੀ) ਖ਼ੁਰਾਕ ਹੁੰਦਾ ਹੈ।
36345	853	ਮੀਠਾ ਬੋਲੇ ਅੰਮ੍ਰਿਤ ਬਾਣੀ ਅਨ ਦਿਨੁ ਹਰਿ ਗੁਣ ਗਾਉ॥		Meethaa Bolae Anmrith Baanee Anadhin Har Gun Gaao ||	His speech is sweet, and his words are nectar; night and day, he sings the Glorious Praises of the Lord.	ਉਹ ਮਨੁੱਖ (ਸਦਾ) ਮਿੱਠਾ ਬੋਲਦਾ ਹੈ, (ਸਤਿਗੁਰੂ ਦੀ) ਆਤਮਕ ਜੀਵਨ ਦੇਣ ਵਾਲੀ ਬਾਣੀ ਦੀ ਰਾਹੀਂ ਉਹ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦਾ ਹੈ।
36346	853	ਨਿਜ ਘਰਿ ਵਾਸਾ ਸਦਾ ਸੋਹਦੇ ਨਾਨਕ ਤਿਨ ਮਿਲਿਆ ਸੁਖੁ ਪਾਉ॥੨॥		Nij Ghar Vaasaa Sadhaa Sohadhae Naanak Thin Miliaa Sukh Paao ||2||	He dwells in the home of his own self, and appears beautiful forever; meeting him, Nanak finds peace. ||2||	ਇਹੋ ਜਿਹੇ ਮਨੁੱਖ ਸਦਾ ਪਰਮਾਤਮਾ ਦੇ ਚਰਨਾਂ ਵਿਚ ਟਿਕੇ ਰਹਿੰਦੇ ਹਨ, ਉਹਨਾਂ ਦਾ ਜੀਵਨ ਸੋਹਣਾ ਬਣ ਜਾਂਦਾ ਹੈ। ਹੇ ਨਾਨਕ! (ਆਖ-ਹੇ ਭਾਈ!) ਇਹੋ ਜਿਹੇ ਮਨੁੱਖਾਂ ਨੂੰ ਮਿਲ ਕੇ ਮੈਂ ਭੀ ਆਤਮਕ ਆਨੰਦ ਮਾਣਦਾ ਹਾਂ ॥੨॥
36347	853	ਪਉੜੀ॥		Pourree ||	Pauree:	

36348	853	ਹਰਿ ਧਨੁ ਰਤਨ ਜਵੇਹਰੀ ਸੋ ਗੁਰਿ ਹਰਿ ਧਨੁ ਹਰਿ ਪਾਸਹੁ ਦੇਵਾਇਆ॥		Har Dhhan Rathan Javaeharee So Gur Har Dhhan Har Paasahu Dhaevaaeiaa ||	The wealth of the Lord is a jewel, a gem; the Guru has caused the Lord to grant that wealth of the Lord.	ਹੇ ਭਾਈ! ਪਰਮਾਤਮਾ ਦਾ ਨਾਮ-ਧਨ ਰਤਨ ਹੀਰੇ ਹਨ। ਇਹ ਹਰਿ-ਨਾਮ-ਧਨ (ਜਿਸ ਨੂੰ) ਪਰਮਾਤਮਾ ਪਾਸੋਂ ਦਿਵਾਇਆ ਹੈ ਗੁਰੂ ਨੇ (ਹੀ) ਦਿਵਾਇਆ ਹੈ।
36349	853	ਜੇ ਕਿਸੈ ਕਿਹੁ ਦਿਸਿ ਆਵੈ ਤਾ ਕੋਈ ਕਿਹੁ ਮੰਗਿ ਲਏ ਅਕੈ ਕੋਈ ਕਿਹੁ ਦੇਵਾਏ ਏਹੁ ਹਰਿ ਧਨੁ ਜੋਰਿ ਕੀਤੈ ਕਿਸੈ ਨਾਲਿ ਨ ਜਾਇ ਵੰਡਾਇਆ॥	(ਅਕੈ)ਅਤਵਾ। ਅਕੈ:ਪੋਲਾ ਬੋਲੋ	Jae Kisai Kihu Dhis Aavai Thaa Koee Kihu Mang Leae Akai Koee Kihu Dhaevaaeae Eaehu Har Dhhan Jor Keethai Kisai Naal N Jaae Vanddaaeiaa ||	If someone sees something, he may ask for it; or, someone may cause it to be given to him. But no one can take a share of this wealth of the Lord by force.	ਜੇ ਕਿਸੇ ਮਨੁੱਖ ਨੂੰ (ਗੁਰੂ ਤੋਂ ਬਿਨਾ ਕਿਸੇ ਹੋਰ ਕੋਲ) ਕੁਝ ਦਿੱਸ ਪਏ ਤਾਂ (ਉਸ ਪਾਸੋਂ ਕੋਈ) ਕੁਝ ਮੰਗ ਭੀ ਲਏ, ਜਾਂ, ਕੋਈ ਕੁਝ ਦਿਵਾ ਦੇਵੇ। ਪਰ ਇਹ ਨਾਮ-ਧਨ ਧੱਕਾ ਕਰ ਕੇ (ਭੀ) ਕਿਸੇ ਨਾਲ ਵੰਡਾਇਆ ਨਹੀਂ ਜਾ ਸਕਦਾ (ਇਹ ਤਾਂ ਪਰਮਾਤਮਾ ਦੀ ਮਿਹਰ ਨਾਲ ਗੁਰੂ ਦੀ ਰਾਹੀਂ ਹੀ ਮਿਲਦਾ ਹੈ)।

36350	853	ਜਿਸ ਨੋ ਸਤਿਗੁਰ ਨਾਲਿ ਹਰਿ ਸਰਧਾ ਲਾਏ ਤਿਸੁ ਹਰਿ ਧਨ ਕੀ ਵੰਡ ਹਥਿ ਆਵੈ ਜਿਸ ਨੋ ਕਰਤੈ ਧੁਰਿ ਲਿਖਿ ਪਾਇਆ॥		Jis No Sathigur Naal Har Saradhhaa Laaeae This Har Dhhan Kee Vandd Hathh Aavai Jis No Karathai Dhhur Likh Paaeiaa ||	He alone obtains a share of the wealth of the Lord, who is blessed by the Creator with faith and devotion to the True Guru, according to his pre-ordained destiny.	ਹੇ ਭਾਈ! ਪਰਮਾਤਮਾ ਨੇ ਧੁਰੋਂ ਜਿਸ ਮਨੁੱਖ ਦੇ ਮੱਥੇ ਤੇ ਲੇਖ ਲਿਖ ਦਿੱਤਾ ਹੈ, ਪਰਮਾਤਮਾ ਉਸ ਮਨੁੱਖ ਦੀ ਗੁਰੂ ਵਿਚ ਸਰਧਾ ਬਣਾਂਦਾ ਹੈ, ਤੇ (ਗੁਰੂ ਦੀ ਰਾਹੀਂ) ਉਸ ਮਨੁੱਖ ਨੂੰ ਨਾਮ-ਧਨ ਦਾ ਹਿੱਸਾ ਮਿਲਦਾ ਹੈ।

36351	853	ਇਸੁ ਹਰਿ ਧਨ ਕਾ ਕੋਈ ਸਰੀਕੁ ਨਾਹੀ ਕਿਸੈ ਕਾ ਖਤੁ ਨਾਹੀ ਕਿਸੈ ਕੈ ਸੀਵ ਬੰਨੈ ਰੋਲੁ ਨਾਹੀ ਜੇ ਕੋ ਹਰਿ ਧਨ ਕੀ ਬਖੀਲੀ ਕਰੇ ਤਿਸ ਕਾ ਮੁਹੁ ਹਰਿ ਚਹੁ ਕੁੰਡਾ ਵਿਚਿ ਕਾਲਾ ਕਰਾਇਆ॥	(ਸੀਵ)ਹੱਦ। (ਬੰਨੈ)ਵੱਟ। ਖਤੁ: ਪੋਲਾ ਬੋਲੋ। ਕੁੰਡਾਂ	Eis Har Dhhan Kaa Koee Sareek Naahee Kisai Kaa Khath Naahee Kisai Kai Seev Bannai Rol Naahee Jae Ko Har Dhhan Kee Bakheelee Karae This Kaa Muhu Har Chahu Kunddaa Vich Kaalaa Karaaeiaa ‖	No one is a share-holder in this wealth of the Lord, and no one owns any of it. It has no boundaries or borders to be disputed. If anyone speaks ill of the wealth of the Lord, his face will be blackened in the four directions.	ਹੇ ਭਾਈ! ਇਹ ਨਾਮ-ਧਨ (ਐਸੀ ਜਾਇਦਾਦ ਹੈ ਕਿ) ਇਸ ਦਾ ਕੋਈ ਸ਼ਰੀਕ ਨਹੀਂ ਬਣ ਸਕਦਾ (ਇਸ ਉਤੇ) ਕੋਈ ਜੱਦੀ ਹੱਕ ਨਹੀਂ ਬਣਾ ਸਕਦਾ, ਕਿਸੇ ਕੋਲ ਇਸ ਦੀ ਮਲਕੀਅਤ ਦਾ ਪਟਾ ਭੀ ਨਹੀਂ ਹੋ ਸਕਦਾ। (ਜਿਵੇਂ ਜ਼ਿਮੀਂਦਾਰਾਂ ਦਾ ਜ਼ਮੀਨ ਦੇ) ਵੱਟੇ-ਬੰਨੇ ਦਾ ਰੌਲਾ (ਪੈ ਸਕਦਾ ਹੈ), ਇਸ ਹਰਿ-ਧਨ ਦਾ ਕੋਈ ਅਜਿਹਾ ਰੌਲਾ ਭੀ ਨਹੀਂ ਹੋ ਸਕਦਾ। (ਕਿਸੇ ਗੁਰਮੁਖ ਨੂੰ ਵੇਖ ਕੇ) ਜੇ ਕੋਈ ਮਨੁੱਖ ਇਸ ਨਾਮ-ਧਨ ਦੀ (ਖ਼ਾਤਰ) ਈਰਖਾ ਕਰਦਾ ਹੈ, ਉਸ ਨੂੰ ਸਗੋਂ ਹਰ ਪਾਸੇ ਫਿਟਕਾਰ ਹੀ ਪੈਂਦੀ ਹੈ।
36352	853	ਹਰਿ ਕੇ ਦਿਤੇ ਨਾਲਿ ਕਿਸੈ ਜੋਰੁ ਬਖੀਲੀ ਨ ਚਲਈ ਦਿਹੁ ਦਿਹੁ ਨਿਤ ਨਿਤ ਚੜੈ ਸਵਾਇਆ॥੯॥		Har Kae Dhithae Naal Kisai Jor Bakheelee N Chalee Dhihu Dhihu Nith Nith Charrai Savaaeiaa ‖9‖	No one's power or slander can prevail against the gifts of the Lord; day by day they continually, continuously increase. ‖9‖	(ਹੇ ਭਾਈ! ਇਹ ਨਾਮ-ਧਨ ਪਰਮਾਤਮਾ ਆਪ ਹੀ ਗੁਰੂ ਦੀ ਰਾਹੀਂ ਦੇਂਦਾ ਹੈ, ਤੇ) ਜੇ ਪਰਮਾਤਮਾ ਕਿਸੇ ਨੂੰ ਇਹ ਨਾਮ-ਧਨ ਦੇਵੇ ਤਾਂ ਕਿਸੇ ਹੋਰ ਦਾ ਜ਼ੋਰ ਨਹੀਂ ਚੜ੍ਹ ਸਕਦਾ, ਕਿਸੇ ਦੀ ਈਰਖਾ ਕੁਝ ਵਿਗਾੜ ਨਹੀਂ ਸਕਦੀ (ਇਹ ਐਸੀ ਦਾਤ ਹੈ ਕਿ) ਇਹ ਹਰ ਰੋਜ਼ ਸਦਾ ਵਧਦੀ ਹੀ ਜਾਂਦੀ ਹੈ ॥੯॥

36353	853	ਸਲੋਕੁ ਮਃ ੩॥		Salok Ma 3 ||	Shalok, Third Mehl:	
36354	853	ਜਗਤੁ ਜਲੰਦਾ ਰਖਿ ਲੈ ਆਪਣੀ ਕਿਰਪਾ ਧਾਰਿ॥	ਜੱਗਤੁ	Jagath Jalandhaa Rakh Lai Aapanee Kirapaa Dhhaar ||	The world is going up in flames - shower it with Your Mercy, and save it!	ਹੇ ਪ੍ਰਭੂ! (ਵਿਕਾਰਾਂ ਵਿਚ) ਸੜ ਰਹੇ ਸੰਸਾਰ ਨੂੰ ਆਪਣੀ ਮਿਹਰ ਕਰ ਕੇ ਬਚਾ ਲੈ,
36355	853	ਜਿਤੁ ਦੁਆਰੈ ਉਬਰੈ ਤਿਤੈ ਲੈਹੁ ਉਬਾਰਿ॥		Jith Dhuaarai Oubarai Thithai Laihu Oubaar ||	Save it, and deliver it, by whatever method it takes.	ਜਿਸ ਭੀ ਤਰੀਕੇ ਨਾਲ ਇਹ ਬਚ ਸਕਦਾ ਹੋਵੇ ਉਸੇ ਤਰ੍ਹਾਂ ਬਚਾ ਲੈ।
36356	853	ਸਤਿਗੁਰਿ ਸੁਖੁ ਵੇਖਾਲਿਆ ਸਚਾ ਸਬਦੁ ਬੀਚਾਰਿ॥		Sathigur Sukh Vaekhaaliaa Sachaa Sabadh Beechaar ||	The True Guru has shown the way to peace, contemplating the True Word of the Shabad.	ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਮਨ ਵਿਚ ਵਸਾ ਕੇ (ਜਿਸ ਮਨੁੱਖ ਨੂੰ) ਸਤਿਗੁਰੂ ਨੇ (ਸਿਮਰਨ ਦਾ) ਆਤਮਕ ਆਨੰਦ ਵਿਖਾਲ ਦਿੱਤਾ,
36357	853	ਨਾਨਕ ਅਵਰੁ ਨ ਸੁਝਈ ਹਰਿ ਬਿਨੁ ਬਖਸਣਹਾਰੁ॥੧॥		Naanak Avar N Sujhee Har Bin Bakhasanehaar ||1||	Nanak knows no other than the Lord, the Forgiving Lord. ||1||	ਹੇ ਨਾਨਕ! ਉਸ ਨੂੰ ਇਹ ਸਮਝ ਆ ਜਾਂਦੀ ਹੈ ਕਿ ਪਰਮਾਤਮਾ ਤੋਂ ਬਿਨਾ ਕੋਈ ਹੋਰ ਇਹ ਬਖ਼ਸ਼ਸ਼ ਕਰਨ ਵਾਲਾ ਨਹੀਂ ਹੈ ॥੧॥
36358	853	ਮਃ ੩॥		Ma 3 ||	Third Mehl:	

36359	853	ਹਉਮੈ ਮਾਇਆ ਮੋਹਣੀ ਦੂਜੈ ਲਗੈ ਜਾਇ॥		Houmai Maaeiaa Mohanee Dhoojai Lagai Jaae ||	Through egotism, fascination with Maya has trapped them in duality.	ਹੇ ਭਾਈ! ਮਾਇਆ ਦੀ ਹਉਮੈ (ਸਾਰੇ ਸੰਸਾਰ ਨੂੰ) ਆਪਣੇ ਵੱਸ ਵਿਚ ਕਰਨ ਦੀ ਸਮਰਥਾ ਵਾਲੀ ਹੈ, (ਇਸ ਦੇ ਅਸਰ ਹੇਠ ਜੀਵ ਪਰਮਾਤਮਾ ਨੂੰ ਵਿਸਾਰ ਕੇ) ਹੋਰ (ਦੇ ਮੋਹ) ਵਿਚ ਜਾ ਫਸਦਾ ਹੈ।
36360	853	ਨਾ ਇਹ ਮਾਰੀ ਨ ਮਰੈ ਨਾ ਇਹ ਹਟਿ ਵਿਕਾਇ॥	ਹੱਟਿ	Naa Eih Maaree N Marai Naa Eih Hatt Vikaae ||	It cannot be killed, it does not die, and it cannot be sold in a store.	ਇਹ ਹਉਮੈ ਨਾਹ (ਕਿਸੇ ਪਾਸੇਂ) ਮਾਰੀ ਜਾ ਸਕਦੀ ਹੈ, ਨਾਹ ਹੀ ਇਹ ਆਪ ਮਰਦੀ ਹੈ, ਨਾਹ ਹੀ ਇਹ ਕਿਸੇ ਹੱਟੀ ਤੇ ਵੇਚੀ ਜਾ ਸਕਦੀ ਹੈ।
36361	853	ਗੁਰ ਕੈ ਸਬਦਿ ਪਰਜਾਲੀਐ ਤਾ ਇਹ ਵਿਚਹੁ ਜਾਇ॥	(ਪਰ-ਜਾਲੀਐ)ਉਜਲਾ	Gur Kai Sabadh Parajaaleeai Thaa Eih Vichahu Jaae ||	Through the Word of the Guru's Shabad, it is burnt away, and then it departs from within.	ਜਦੋਂ ਇਸ ਨੂੰ ਗੁਰੂ ਦੇ ਸ਼ਬਦ ਦੀ ਰਾਹੀਂ ਚੰਗੀ ਤਰ੍ਹਾਂ ਸਾੜ ਦੇਈਏ, ਤਦੋਂ ਹੀ ਇਹ (ਜੀਵ ਦੇ) ਅੰਦਰੋਂ ਮੁੱਕਦੀ ਹੈ।
36362	853	ਤਨੁ ਮਨੁ ਹੋਵੈ ਉਜਲਾ ਨਾਮੁ ਵਸੈ ਮਨਿ ਆਇ॥		Than Man Hovai Oujalaa Naam Vasai Man Aae ||	The body and mind become pure, and the Naam, the Name of the Lord, comes to dwell within the mind.	(ਹੇ ਭਾਈ! ਜਿਸ ਮਨੁੱਖ ਦੇ ਅੰਦਰੋਂ ਮਾਇਆ ਦੀ ਹਉਮੈ ਮੁੱਕਦੀ ਹੈ ਉਸ ਦਾ) ਤਨ (ਉਸ ਦਾ) ਮਨ ਪਵਿੱਤਰ ਹੋ ਜਾਂਦਾ ਹੈ, ਉਸ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ।

36363	853	ਨਾਨਕ ਮਾਇਆ ਕਾ ਮਾਰਣੁ ਸਬਦੁ ਹੈ ਗੁਰਮੁਖਿ ਪਾਇਆ ਜਾਇ॥੨॥		Naanak Maaeiaa Kaa Maaran Sabadh Hai Guramukh Paaeiaa Jaae ||2||	O Nanak, the Shabad is the killer of Maya; the Gurmukh obtains it. ||2||	ਹੇ ਨਾਨਕ! ਗੁਰੂ ਦਾ ਸ਼ਬਦ ਹੀ ਮਾਇਆ ਦਾ ਪ੍ਰਭਾਵ ਮੁਕਾਣ ਦਾ ਵਸੀਲਾ ਹੈ, ਤੇ, ਇਹ ਸ਼ਬਦ ਗੁਰੂ ਦੀ ਸਰਨ ਪਿਆਂ ਮਿਲਦਾ ਹੈ ॥੨॥
36364	853	ਪਉੜੀ॥		Pourree ||	Pauree:	
36365	853	ਸਤਿਗੁਰ ਕੀ ਵਡਿਆਈ ਸਤਿਗੁਰਿ ਦਿਤੀ ਧੁਰਹੁ ਹੁਕਮੁ ਬੁਝਿ ਨੀਸਾਣੁ॥	ਬੁੱਝਿ	Sathigur Kee Vaddiaaee Sathigur Dhithee Dhhurahu Hukam Bujh Neesaan ||	The glorious greatness of the True Guru was bestowed by the True Guru; He understood this as the Insignia, the Mark of the Primal Lord's Will.	(ਜਿਹੜੀ) ਇੱਜ਼ਤ ਗੁਰੂ (ਅਮਰਦਾਸ ਜੀ) ਦੀ (ਹੋਈ, ਉਹ) ਗੁਰੂ (ਅੰਗਦ ਸਾਹਿਬ) ਨੇ ਪਰਮਾਤਮਾ ਦੀ ਹਜ਼ੂਰੀ ਤੋਂ (ਮਿਲਿਆ) ਹੁਕਮ ਸਮਝ ਕੇ ਪਰਵਾਨਾ ਸਮਝ ਕੇ (ਉਹਨਾਂ ਨੂੰ) ਦਿੱਤੀ।
36366	853	ਪੁਤੀ ਭਾਤੀਈ ਜਾਵਾਈ ਸਕੀ ਅਗਹੁ ਪਿਛਹੁ ਟੋਲਿ ਡਿਠਾ ਲਾਹਿਓਨੁ ਸਭਨਾ ਕਾ ਅਭਿਮਾਨੁ॥	(ਪੁੱਤੀਂ)ਮੋਹਨ ਜੀ ਆਦਿ। (ਭਾਤੀ-ਈਂ)ਭਤੀਜੇ ਸਾਵਣਮੱਲ ਆਦਿ। ਜਾਵਾਈ:ਸ੍ਰੀ ਰਾਮਾ ਜੀ। ਸਕੀਂ:ਪੋਲਾ ਬੋਲੋ	Puthee Bhaatheeee Jaavaaee Sakee Agahu Pishhahu Ttol Ddithaa Laahioun Sabhanaa Kaa Abhimaan ||	He tested His sons, nephews, sons-in-law and relatives, and subdued the egotistical pride of them all.	ਪੁੱਤਰਾਂ ਨੇ, ਭਤੀਜਿਆਂ ਨੇ, ਜਵਾਈਆਂ ਨੇ, ਹੋਰ ਸੱਕੇ ਸਾਕ ਅੰਗਾਂ ਨੇ ਚੰਗੀ ਤਰ੍ਹਾਂ ਪਰਖ ਕੇ ਵੇਖ ਲਿਆ ਸੀ (ਗੁਰੂ ਨੇ) ਸਭਨਾਂ ਦਾ ਮਾਣ ਦੂਰ ਕਰ ਦਿੱਤਾ।

36367	853	ਜਿਥੈ ਕੋ ਵੇਖੈ ਤਿਥੈ ਮੇਰਾ ਸਤਿਗੁਰੂ ਹਰਿ ਬਖਸਿਓਸੁ ਸਭੁ ਜਹਾਨੁ॥		Jithhai Ko Vaekhai Thithhai Maeraa Sathiguroo Har Bakhasious Sabh Jehaan ||	Wherever anyone looks, my True Guru is there; the Lord blessed Him with the whole world.	ਹੇ ਭਾਈ! ਪਰਮਾਤਮਾ ਨੇ (ਗੁਰੂ ਦੀ ਰਾਹੀਂ) ਸਾਰੇ ਸੰਸਾਰ ਨੂੰ (ਨਾਮ ਦੀ) ਬਖ਼ਸ਼ਸ਼ ਕੀਤੀ ਹੈ; ਜਿੱਥੇ ਭੀ ਕੋਈ ਵੇਖਦਾ ਹੈ ਉਥੇ ਹੀ ਪਿਆਰਾ ਗੁਰੂ (ਨਾਮ ਦੀ ਦਾਤ ਦੇਣ ਲਈ ਮੌਜੂਦ) ਹੈ।
36368	853	ਜਿ ਸਤਿਗੁਰ ਨੋ ਮਿਲਿ ਮੰਨੇ ਸੁ ਹਲਤਿ ਪਲਤਿ ਸਿਝੈ ਜਿ ਵੇਮੁਖੁ ਹੋਵੈ ਸੁ ਫਿਰੈ ਭਰਿਸਟ ਥਾਨੁ॥		J Sathigur No Mil Mannae S Halath Palath Sijhai J Vaemukh Hovai S Firai Bharisatt Thhaan ||	One who meets with, and believes in the True Guru, is embellished here and hereafter. Whoever turns his back on the Guru and becomes baymukh, shall wander in cursed and evil places.	ਜਿਹੜਾ ਮਨੁੱਖ ਗੁਰੂ ਨੂੰ ਮਿਲ ਕੇ ਪਤੀਜਦਾ ਹੈ ਉਹ ਇਸ ਲੋਕ ਵਿਚ ਤੇ ਪਰਲੋਕ ਵਿਚ ਕਾਮਯਾਬ ਹੋ ਜਾਂਦਾ ਹੈ, ਪਰ ਜਿਹੜਾ ਮਨੁੱਖ ਗੁਰੂ ਵਲੋਂ ਮੂੰਹ ਮੋੜਦਾ ਹੈ, ਉਹ ਭਟਕਦਾ ਫਿਰਦਾ ਹੈ, ਉਸ ਦਾ ਹਿਰਦਾ-ਥਾਂ (ਵਿਕਾਰਾਂ ਨਾਲ) ਗੰਦਾ ਟਿਕਿਆ ਰਹਿੰਦਾ ਹੈ।
36369	854	ਜਨ ਨਾਨਕ ਕੈ ਵਲਿ ਹੋਆ ਮੇਰਾ ਸੁਆਮੀ ਹਰਿ ਸਜਣ ਪੁਰਖੁ ਸੁਜਾਨੁ॥		Jan Naanak Kai Val Hoaa Maeraa Suaamee Har Sajan Purakh Sujaan ||	My Lord and Master is on the side of servant Nanak. The All-powerful and All-knowing Lord God is my Best Friend.	ਹੇ ਨਾਨਕ! (ਆਖ-) ਸਭ ਦੇ ਦਿਲ ਦੀ ਜਾਣਨ ਵਾਲਾ ਸਭ ਦਾ ਮਿੱਤਰ ਸਭ ਵਿਚ ਵਿਆਪਕ ਪ੍ਰਭੂ ਆਪਣੇ ਸੇਵਕ ਦੇ ਪੱਖ ਤੇ ਰਹਿੰਦਾ ਹੈ।

36370	854	ਪਉਦੀ ਭਿਤਿ ਦੇਖਿ ਕੈ ਸਭਿ ਆਇ ਪਏ ਸਤਿਗੁਰ ਕੀ ਪੈਰੀ ਲਾਹਿਓਨੁ ਸਭਨਾ ਕਿਅਹੁ ਮਨਹੁ ਗੁਮਾਨੁ॥੧੦॥	(ਭਿਤਿ)ਚੋਗਾ, ਚੰਗੇ ਪਦਾਰਥ। ਭਿਤਿ:ਪੋਲਾ ਬੋਲੋ।ਪੈਰੀਂ	Poudhee Bhith Dhaekh Kai Sabh Aae Peae Sathigur Kee Pairee Laahioun Sabhanaa Kiahu Manahu Gumaan ||10||	Seeing the food being distributed, everyone came and fell at the feet of the True Guru, who cleansed the minds of all of their egotistical pride. ||10||	ਹੇ ਭਾਈ! (ਗੁਰੂ ਦੇ ਦਰ ਤੋਂ) ਆਤਮਕ ਖ਼ੁਰਾਕ ਮਿਲਦੀ ਵੇਖ ਕੇ ਸਾਰੇ ਲੋਕ ਗੁਰੂ ਦੀ ਚਰਨੀਂ ਆ ਲੱਗੇ। ਗੁਰੂ ਨੇ ਸਭਨਾਂ ਦੇ ਮਨ ਤੋਂ ਅਹੰਕਾਰ ਦੂਰ ਕਰ ਦਿੱਤਾ ॥੧੦॥
36371	854	ਸਲੋਕ ਮਃ ੧॥		Salok Ma 1 ||	Shalok, First Mehl:	
36372	854	ਕੋਈ ਵਾਹੇ ਕੋ ਲੁਣੈ ਕੋ ਪਾਏ ਖਲਿਹਾਨਿ॥	ਦਾਣੇ ਕੱਢਣ ਲਈ, ਕਣਕ ਲਾਣ ਇਕੱਠਾ ਰੱਖਣ ਦੀ ਥਾਂ(ਖਲਿਹਾਨਿ)ਪਿੜ	Koee Vaahae Ko Lunai Ko Paaeae Khalihaan ||	One plants the seed, another harvests the crop, and still another beats the grain from the chaff.	ਕੋਈ ਮਨੁੱਖ ਹਲ ਵਾਂਹਦਾ ਹੈ, ਕੋਈ (ਹੋਰ) ਮਨੁੱਖ (ਪੱਕਾ ਹੋਇਆ ਫ਼ਸਲ) ਵੱਢਦਾ ਹੈ, ਕੋਈ (ਹੋਰ) ਮਨੁੱਖ (ਉਸ ਵੱਢੇ ਹੋਏ ਫ਼ਸਲ ਨੂੰ) ਖਲਵਾੜੇ ਵਿਚ ਪਾਂਦਾ ਹੈ;
36373	854	ਨਾਨਕ ਏਵ ਨ ਜਾਪਈ ਕੋਈ ਖਾਇ ਨਿਦਾਨਿ॥੧॥		Naanak Eaev N Jaapee Koee Khaae Nidhaan ||1||	O Nanak, it is not known, who will ultimately eat the grain. ||1||	ਪਰ ਹੇ ਨਾਨਕ! ਅੰਤ ਨੂੰ (ਉਸ ਅੰਨ ਨੂੰ) ਖਾਂਦਾ ਕੋਈ ਹੋਰ ਹੈ। ਸੋ, ਇਸ ਤਰ੍ਹਾਂ (ਪਰਮਾਤਮਾ ਦੀ ਰਜ਼ਾ ਨੂੰ) ਸਮਝਿਆ ਨਹੀਂ ਜਾ ਸਕਦਾ (ਕਿ ਕਦੋਂ ਕੀਹ ਕੁਝ ਵਾਪਰੇਗਾ) ॥੧॥
36374	854	ਮਃ ੧॥		Ma 1 ||	First Mehl:	

36375	854	ਜਿਸੁ ਮਨਿ ਵਸਿਆ ਤਰਿਆ ਸੋਇ ॥		Jis Man Vasiaa Thariaa Soe ||	He alone is carried across, within whose mind the Lord abides.	ਹੇ ਨਾਨਕ! ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਆ ਵੱਸਦਾ ਹੈ ਉਹ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ।
36376	854	ਨਾਨਕ ਜੋ ਭਾਵੈ ਸੋ ਹੋਇ॥੨॥		Naanak Jo Bhaavai So Hoe ||2||	O Nanak, that alone happens, which is pleasing to His Will. ||2||	(ਉਸ ਨੂੰ ਸਮਝ ਆ ਜਾਂਦੀ ਹੈ ਕਿ ਜਗਤ ਵਿਚ) ਉਹੀ ਕੁਝ ਹੁੰਦਾ ਹੈ ਜੋ (ਪਰਮਾਤਮਾ ਨੂੰ) ਚੰਗਾ ਲੱਗਦਾ ਹੈ ॥੨॥
36377	854	ਪਉੜੀ॥		Pourree ||	Pauree:	
36378	854	ਪਾਰਬ੍ਰਹਮਿ ਦਇਆਲਿ ਸਾਗਰੁ ਤਾਰਿਆ॥		Paarabreham Dhaeiaal Saagar Thaariaa ||	The Merciful Supreme Lord God has carried me across the world-ocean.	ਹੇ ਭਾਈ! ਦਿਆਲ ਪਾਰਬ੍ਰਹਮ ਨੇ ਉਸ ਮਨੁੱਖ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲਿਆ,
36379	854	ਗੁਰਿ ਪੂਰੈ ਮਿਹਰਵਾਨਿ ਭਰਮੁ ਭਉ ਮਾਰਿਆ॥		Gur Poorai Miharavaan Bharam Bho Maariaa ||	The compassionate perfect Guru has eradicated my doubts and fears.	(ਜਿਸ ਮਨੁੱਖ ਦੇ ਮਨ ਦੀ) ਭਟਕਣਾ ਤੇ ਸਹਿਮ ਪੂਰੇ ਮਿਹਰਵਾਨ ਗੁਰੂ ਨੇ ਮੁਕਾ ਦਿੱਤਾ।
36380	854	ਕਾਮ ਕ੍ਰੋਧੁ ਬਿਕਰਾਲੁ ਦੂਤ ਸਭਿ ਹਾਰਿਆ॥		Kaam Krodhh Bikaraal Dhooth Sabh Haariaa ||	Unsatisfied sexual desire and unresolved anger, the horrible demons, have been totally destroyed.	ਭਿਆਨਕ ਕ੍ਰੋਧ ਅਤੇ ਕਾਮ (ਆਦਿਕ) ਸਾਰੇ (ਉਸ ਦੇ) ਵੈਰੀ (ਉਸ ਉਤੇ ਜ਼ੋਰ ਪਾਣੋਂ) ਹਾਰ ਗਏ।

36381	854	ਅੰਮ੍ਰਿਤ ਨਾਮੁ ਨਿਧਾਨੁ ਕੰਠਿ ਉਰਿ ਧਾਰਿਆ ॥		Anmrith Naam Nidhhaan Kanth Our Dhhaariaa ||	I have enshrined the treasure of the Ambrosial Naam within my throat and heart.	(ਉਸ ਮਨੁੱਖ ਨੇ ਸਾਰੇ ਸੁਖਾਂ ਦਾ ਖ਼ਜ਼ਾਨਾ (ਪਰਮਾਤਮਾ ਦਾ) ਆਤਮਕ ਜੀਵਨ ਦੇਣ ਵਾਲਾ ਨਾਮ (ਆਪਣੇ) ਗਲੇ ਵਿਚ (ਆਪਣੇ) ਹਿਰਦੇ ਵਿਚ (ਸਦਾ ਲਈ) ਟਿਕਾ ਲਿਆ,
36382	854	ਨਾਨਕ ਸਾਧੂਸੰਗਿ ਜਨਮੁ ਮਰਣੁ ਸਵਾਰਿਆ॥੧੧॥		Naanak Saadhhoo Sang Janam Maran Savaariaa ||11||	O Nanak, in the Saadh Sangat, the Company of the Holy, my birth and death have been adorned and redeemed. ||11||	(ਤੇ ਇਸ ਤਰ੍ਹਾਂ) ਹੇ ਨਾਨਕ! ਗੁਰੂ ਦੀ ਸੰਗਤਿ ਵਿਚ (ਰਹਿ ਕੇ ਉਸ ਨੇ ਆਪਣਾ) ਸਾਰਾ ਜੀਵਨ ਸੰਵਾਰ ਲਿਆ ॥੧੧॥
36383	854	ਸਲੋਕ ਮਃ ੩॥		Salok Ma 3 ||	Shalok, Third Mehl:	
36384	854	ਜਿਨ੍ਹੀ ਨਾਮੁ ਵਿਸਾਰਿਆ ਕੂੜੇ ਕਹਣ ਕਹੰਨ੍ਹি॥	ਕ-ਹੰਨ੍ਹি	Jinhee Naam Visaariaa Koorrae Kehan Kehannih ||	Those who forget the Naam, the Name of the Lord, are said to be false.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ (ਪਰਮਾਤਮਾ ਦਾ) ਨਾਮ ਭੁਲਾ ਦਿੱਤਾ, ਉਹ ਸਦਾ ਨਾਸਵੰਤ ਪਦਾਰਥਾਂ ਦੀਆਂ ਹੀ ਗੱਲਾਂ ਕਰਦੇ ਰਹਿੰਦੇ ਹਨ।
36385	854	ਪੰਚ ਚੋਰ ਤਿਨਾ ਘਰੁ ਮੁਹਨ੍ਹি ਹਉਮੈ ਅੰਦਰਿ ਸੰਨ੍ਹি॥		Panch Chor Thinaa Ghar Muhanih Houmai Andhar Sannih ||	The five thieves plunder their homes, and egotism breaks in.	(ਕਾਮਾਦਿਕ) ਪੰਜੇ ਚੋਰ ਉਹਨਾਂ ਦਾ (ਹਿਰਦਾ-) ਘਰ ਲੁੱਟਦੇ ਰਹਿੰਦੇ ਹਨ, ਉਹਨਾਂ ਦੇ ਅੰਦਰ ਹਉਮੈ (ਦੀ) ਸੰਨ੍ਹ ਲੱਗੀ ਰਹਿੰਦੀ ਹੈ।

36386	854	ਸਾਕਤ ਮੁਠੇ ਦੁਰਮਤੀ ਹਰਿ ਰਸੁ ਨ ਜਾਣੰਨਿ॥	ਜਾ-ਣੰਨਿ	Saakath Muthae Dhuramathee Har Ras N Jaanannih ||	The faithless cynics are defrauded by their own evil-mindedness; they do not know the sublime essence of the Lord.	ਉਹ ਪਰਮਾਤਮਾ ਨਾਲੋਂ ਟੁੱਟੇ ਹੋਏ ਖੋਟੀ ਮਤ ਵਾਲੇ ਮਨੁੱਖ (ਇਹਨਾਂ ਵਿਕਾਰਾਂ ਦੀ ਹੱਥੀਂ ਹੀ) ਲੁੱਟੇ ਜਾਂਦੇ ਹਨ, ਪ੍ਰਭੂ ਦੇ ਨਾਮ ਦਾ ਸੁਆਦ ਉਹ ਨਹੀਂ ਜਾਣਦੇ ਪਛਾਣਦੇ।
36387	854	ਜਿਨੀ ਅੰਮ੍ਰਿਤੁ ਭਰਮਿ ਲੁਟਾਇਆ ਬਿਖੁ ਸਿਉ ਰਚਹਿ ਰਚੰਨਿ॥	ਰ-ਚੰਨਿ	Jinhee Anmrith Bharam Luttaaeiaa Bikh Sio Rachehi Rachannih ||	Those who lose the Ambrosial Nectar through doubt, remain engrossed and entangled in corruption.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਆਤਮਕ ਜੀਵਨ ਦੇਣ ਵਾਲਾ ਨਾਮ-ਰਸ (ਮਨ ਦੀ) ਭਟਕਣਾ ਵਿਚ (ਹੀ) ਲੁਟਾ ਦਿੱਤਾ, ਉਹ (ਆਤਮਕ ਜੀਵਨ ਦਾ ਨਾਸ ਕਰਨ ਵਾਲੀ ਮਾਇਆ) ਜ਼ਹਿਰ ਨਾਲ ਹੀ ਪਿਆਰ ਪਾਈ ਰੱਖਦੇ ਹਨ।
36388	854	ਦੁਸਟਾ ਸੇਤੀ ਪਿਰਹੜੀ ਜਨ ਸਿਉ ਵਾਦੁ ਕਰੰਨਿ॥	ਕ-ਰੰਨਿ	Dhusattaa Saethee Pireharree Jan Sio Vaadh Karannih ||	They make friends with the wicked, and argue with the humble servants of the Lord.	ਭੈੜੇ ਮਨੁੱਖਾਂ ਨਾਲ ਉਹਨਾਂ ਦਾ ਪਿਆਰ ਹੁੰਦਾ ਹੈ, ਪਰਮਾਤਮਾ ਦੇ ਸੇਵਕਾਂ ਨਾਲ ਉਹ ਝਗੜਾ ਬਣਾਈ ਰੱਖਦੇ ਹਨ।
36389	854	ਨਾਨਕ ਸਾਕਤ ਨਰਕ ਮਹਿ ਜਮਿ ਬਧੇ ਦੁਖ ਸਹੰਨਿ॥	ਸ-ਹੰਨਿ	Naanak Saakath Narak Mehi Jam Badhhae Dhukh Sehannih ||	O Nanak, the faithless cynics are bound and gagged by the Messenger of Death, and suffer agony in hell.	ਹੇ ਨਾਨਕ! ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਆਤਮਕ ਮੌਤ (ਦੀ ਫਾਹੀ) ਵਿਚ ਬੱਝੇ ਹੋਏ ਮਨੁੱਖ (ਮਾਨੋ) ਨਰਕਾਂ ਵਿਚ ਪਏ ਰਹਿੰਦੇ ਹਨ (ਸਦਾ) ਦੁੱਖ ਹੀ ਸਹਾਰਦੇ ਰਹਿੰਦੇ ਹਨ।

36390	854	ਪਇਐ ਕਿਰਤਿ ਕਮਾਵਦੇ ਜਿਵ ਰਾਖਹਿ ਤਿਵੈ ਰਹੰਨਿ ॥੧॥	ਰਹੰਨਿ	Paeiai Kirath Kamaavadhae Jiv Raakhehi Thivai Rehannih ||1||	They act according to the karma of the actions they committed before; as the Lord keeps them, so do they live. ||1||	(ਪਰ, ਹੇ ਪ੍ਰਭੂ! ਜੀਵਾਂ ਦੇ ਭੀ ਕੀਹ ਵੱਸ?) ਜਿਵੇਂ ਤੂੰ (ਇਹਨਾਂ ਨੂੰ) ਰੱਖਦਾ ਹੈਂ ਤਿਵੇਂ ਰਹਿੰਦੇ ਹਨ, ਤੇ, ਪਿਛਲੇ ਕੀਤੇ ਕਰਮਾਂ ਅਨੁਸਾਰ (ਹੁਣ ਭੀ ਉਹੋ ਜਿਹੇ) ਕਰਮ ਕਰੀ ਜਾ ਰਹੇ ਹਨ ॥੧॥
36391	854	ਮਃ ੩॥		Ma 3 ||	Third Mehl:	
36392	854	ਜਿਨੀ ਸਤਿਗੁਰੁ ਸੇਵਿਆ ਤਾਣੁ ਨਿਤਾਣੇ ਤਿਸੁ॥		Jinhee Sathigur Saeviaa Thaan Nithaanae This ||	Those who serve the True Guru, are transformed from powerless into powerful.	ਹੇ ਭਾਈ! ਜਿਹੜਾ ਜਿਹੜਾ ਨਿਤਾਣਾ ਮਨੁੱਖ (ਭੀ) ਗੁਰੂ ਦੀ ਦੱਸੀ (ਸਿਮਰਨ ਦੀ) ਕਾਰ ਕਰਦਾ ਹੈ, ਉਸ ਨੂੰ (ਆਤਮਕ) ਬਲ ਮਿਲ ਜਾਂਦਾ ਹੈ।
36393	854	ਸਾਸਿ ਗਿਰਾਸਿ ਸਦਾ ਮਨਿ ਵਸੈ ਜਮੁ ਜੋਹਿ ਨ ਸਕੈ ਤਿਸੁ॥		Saas Giraas Sadhaa Man Vasai Jam Johi N Sakai This ||	With every breath and morsel of food, the Lord abides in their minds forever, and the Messenger of Death cannot even see them.	ਹਰੇਕ ਸਾਹ ਦੇ ਨਾਲ ਹਰੇਕ ਗਿਰਾਹੀ ਦੇ ਨਾਲ ਹਰ ਵੇਲੇ (ਪਰਮਾਤਮਾ ਉਸ ਦੇ) ਮਨ ਵਿਚ ਆ ਵੱਸਦਾ ਹੈ, ਆਤਮਕ ਮੌਤ ਉਸ ਦੇ ਨੇੜੇ ਨਹੀਂ ਢੁਕਦੀ।
36394	854	ਹਿਰਦੈ ਹਰਿ ਹਰਿ ਨਾਮ ਰਸੁ ਕਵਲਾ ਸੇਵਕਿ ਤਿਸੁ॥		Hiradhai Har Har Naam Ras Kavalaa Saevak This ||	The Name of the Lord, Har, Har, fills their hearts, and Maya is their servant.	ਉਸ ਨੂੰ ਆਪਣੇ ਹਿਰਦੇ ਵਿਚ ਪਰਮਾਤਮਾ ਦੇ ਨਾਮ ਦਾ ਸੁਆਦ ਆਉਂਦਾ ਰਹਿੰਦਾ ਹੈ, ਮਾਇਆ ਉਸ ਦੀ ਦਾਸੀ ਬਣ ਜਾਂਦੀ ਹੈ (ਉਸ ਉਤੇ ਜ਼ੋਰ ਨਹੀਂ ਪਾ ਸਕਦੀ)।

36395	854	ਹਰਿ ਦਾਸਾ ਕਾ ਦਾਸੁ ਹੋਇ ਪਰਮ ਪਦਾਰਥੁ ਤਿਸੁ॥		Har Dhaasaa Kaa Dhaas Hoe Param Padhaarathh This ||	One who becomes the slave of the Lord's slaves, obtains the greatest treasure.	ਉਹ ਮਨੁੱਖ ਪ੍ਰਭੂ ਦੇ ਸੇਵਕਾਂ ਦਾ ਸੇਵਕ ਬਣਿਆ ਰਹਿੰਦਾ ਹੈ, ਉਸ ਨੂੰ ਸਭ ਤੋਂ ਸ੍ਰੇਸ਼ਟ ਪਦਾਰਥ (ਹਰਿ-ਨਾਮ) ਪ੍ਰਾਪਤ ਹੋ ਜਾਂਦਾ ਹੈ।
36396	854	ਨਾਨਕ ਮਨਿ ਤਨਿ ਜਿਸੁ ਪ੍ਰਭੁ ਵਸੈ ਹਉ ਸਦ ਕੁਰਬਾਣੈ ਤਿਸੁ॥	ਵਸੈ:ਪੋਲਾ ਬੋਲੋ	Naanak Man Than Jis Prabh Vasai Ho Sadh Kurabaanai This ||	O Nanak, I am forever a sacrifice to that one, within whose mind and body God dwells.	ਹੇ ਨਾਨਕ! (ਆਖ-) ਮੈਂ ਉਸ ਮਨੁੱਖ ਤੋਂ ਸਦਕੇ ਜਾਂਦਾ ਹਾਂ ਜਿਸ ਦੇ ਮਨ ਵਿਚ ਜਿਸ ਦੇ ਹਿਰਦੇ ਵਿਚ ਪਰਮਾਤਮਾ (ਦਾ ਨਾਮ) ਟਿਕਿਆ ਰਹਿੰਦਾ ਹੈ।
36397	854	ਜਿਨ੍ ਕਉ ਪੂਰਬਿ ਲਿਖਿਆ ਰਸੁ ਸੰਤ ਜਨਾ ਸਿਉ ਤਿਸੁ॥੨॥		Jinh Ko Poorab Likhiaa Ras Santh Janaa Sio This ||2||	One who has such pre-ordained destiny, he alone is in love with the humble Saints. ||2||	ਪਰ, ਹੇ ਭਾਈ! ਉਸ ਉਸ ਮਨੁੱਖ ਦਾ ਹੀ ਪਿਆਰ ਸੰਤ ਜਨਾਂ ਨਾਲ ਬਣਦਾ ਹੈ ਜਿਸ ਜਿਸ ਦੇ ਭਾਗਾਂ ਵਿਚ ਪਿਛਲੇ ਕੀਤੇ ਕਰਮਾਂ ਅਨੁਸਾਰ (ਸਿਮਰਨ ਦਾ) ਲੇਖ ਲਿਖਿਆ ਹੁੰਦਾ ਹੈ ॥੨॥
36398	854	ਪਉੜੀ॥		Pourree ||	Pauree:	
36399	854	ਜੋ ਬੋਲੇ ਪੂਰਾ ਸਤਿਗੁਰੂ ਸੋ ਪਰਮੇਸਰਿ ਸੁਣਿਆ॥		Jo Bolae Pooraa Sathiguroo So Paramaesar Suniaa ||	Whatever the Perfect True Guru says, the Transcendent Lord hears.	ਹੇ ਭਾਈ! ਪੂਰਾ ਗੁਰੂ ਜਿਹੜਾ (ਸਿਫ਼ਤਿ-ਸਾਲਾਹ ਦਾ) ਬਚਨ ਬੋਲਦਾ ਹੈ, ਪਰਮਾਤਮਾ ਉਸ ਵਲ ਧਿਆਨ ਦੇਂਦਾ ਹੈ।

36400	854	ਸੋਈ ਵਰਤਿਆ ਜਗਤ ਮਹਿ ਘਟਿ ਘਟਿ ਮੁਖਿ ਭਣਿਆ॥		Soee Varathiaa Jagath Mehi Ghatt Ghatt Mukh Bhaniaa ||	It pervades and permeates the whole world, and it is on the mouth of each and every being.	ਗੁਰੂ ਦਾ ਉਹ ਬਚਨ ਸਾਰੇ ਸੰਸਾਰ ਵਿਚ ਪ੍ਰਭਾਵ ਪਾਂਦਾ ਹੈ, ਹਰੇਕ ਹਿਰਦੇ ਵਿਚ (ਪ੍ਰਭਾਵ ਪਾਂਦਾ ਹੈ, ਹਰੇਕ ਮਨੁੱਖ ਆਪਣੇ) ਮੂੰਹ ਨਾਲ ਉਚਾਰਦਾ ਹੈ।
36401	854	ਬਹੁਤੁ ਵਡਿਆਈਆ ਸਾਹਿਬੈ ਨਹ ਜਾਹੀ ਗਣੀਆ॥		Bahuth Vaddiaaeeaa Saahibai Neh Jaahee Ganeeaa ||	So numerous are the great glories of the Lord, they cannot even be counted.	(ਹੇ ਭਾਈ! ਗੁਰੂ ਦੱਸਦਾ ਹੈ ਕਿ) ਮਾਲਕ-ਪ੍ਰਭੂ ਵਿਚ ਬੇਅੰਤ ਗੁਣ ਹਨ ਗਿਣੇ ਨਹੀਂ ਜਾ ਸਕਦੇ।
36402	854	ਸਚੁ ਸਹਜੁ ਅਨਦੁ ਸਤਿਗੁਰੂ ਪਾਸਿ ਸਚੀ ਗੁਰ ਮਣੀਆ॥	(ਮਣੀਆ)ਮਨੌਤ	Sach Sehaj Anadh Sathiguroo Paas Sachee Gur Maneeaa ||	Truth, poise and bliss rest in the True Guru; the Guru bestows the jewel of Truth.	ਹੇ ਭਾਈ! ਪ੍ਰਭੂ ਦਾ ਸਦਾ-ਥਿਰ ਨਾਮ, ਆਤਮਕ ਅਡੋਲਤਾ, ਆਤਮਕ ਅਨੰਦ (ਇਹ) ਗੁਰੂ ਦੇ ਪਾਸ (ਹੀ ਹਨ, ਗੁਰੂ ਪਾਸੋਂ ਹੀ ਇਹ ਦਾਤਾਂ ਮਿਲਦੀਆਂ ਹਨ)। ਗੁਰੂ ਦਾ ਉਪਦੇਸ਼ ਸਦਾ ਕਾਇਮ ਰਹਿਣ ਵਾਲਾ ਰਤਨ ਹੈ।
36403	854	ਨਾਨਕ ਸੰਤ ਸਵਾਰੇ ਪਾਰਬ੍ਰਹਮਿ ਸਚੇ ਜਿਉ ਬਣਿਆ॥੧੨॥		Naanak Santh Savaarae Paarabreham Sachae Jio Baniaa ||12||	O Nanak, the Supreme Lord God embellishes the Saints, who become like the True Lord. ||12||	ਹੇ ਨਾਨਕ! ਪਰਮਾਤਮਾ ਆਪਣੇ ਸੇਵਕਾਂ ਦੇ ਜੀਵਨ ਆਪ ਸੋਹਣੇ ਬਣਾਂਦਾ ਹੈ, ਸੰਤ ਜਨ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਰਗੇ ਬਣ ਜਾਂਦੇ ਹਨ ॥੧੨॥
36404	854	ਸਲੋਕ ਮਃ ੩॥		Salok Ma 3 ||	Shalok, Third Mehl:	

36405	854	ਅਪਣਾ ਆਪੁ ਨ ਪਛਾਣਈ ਹਰਿ ਪ੍ਰਭੁ ਜਾਤਾ ਦੂਰਿ॥	ਪਛਾਣ-ਈ	Apanaa Aap N Pashhaanee Har Prabh Jaathaa Dhoor ||	He does not understand himself; he believes the Lord God to be far away.	(ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ) ਆਪਣੇ ਆਤਮਕ ਜੀਵਨ ਨੂੰ (ਕਦੇ) ਪਰਖਦਾ ਨਹੀਂ, ਉਹ ਪਰਮਾਤਮਾ ਨੂੰ (ਕਿਤੇ) ਦੂਰ ਵੱਸਦਾ ਸਮਝਦਾ ਹੈ।
36406	854	ਗੁਰ ਕੀ ਸੇਵਾ ਵਿਸਰੀ ਕਿਉ ਮਨੁ ਰਹੈ ਹਜੂਰਿ॥		Gur Kee Saevaa Visaree Kio Man Rehai Hajoor ||	He forgets to serve the Guru; how can his mind remain in the Lord's Presence?	ਉਸ ਨੂੰ ਗੁਰੂ ਦੀ ਦੱਸੀ ਕਾਰ (ਸਦਾ) ਭੁੱਲੀ ਰਹਿੰਦੀ ਹੈ, (ਇਸ ਵਾਸਤੇ ਉਸ ਦਾ) ਮਨ (ਪਰਮਾਤਮਾ ਦੀ) ਹਜ਼ੂਰੀ ਵਿਚ (ਕਦੇ) ਨਹੀਂ ਟਿਕਦਾ।
36407	854	ਮਨਮੁਖਿ ਜਨਮੁ ਗਵਾਇਆ ਝੂਠੈ ਲਾਲਚਿ ਕੂਰਿ॥		Manamukh Janam Gavaaeiaa Jhoothai Laalach Koor ||	The self-willed manmukh wastes away his life in worthless greed and falsehood.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੇ ਝੂਠੇ ਲਾਲਚ ਵਿਚ (ਲੱਗ ਕੇ) ਮਾਇਆ ਦੇ ਮੋਹ ਵਿਚ (ਫਸ ਕੇ ਹੀ ਆਪਣਾ) ਜੀਵਨ ਗਵਾ ਲਿਆ ਹੁੰਦਾ ਹੈ।
36408	854	ਨਾਨਕ ਬਖਸਿ ਮਿਲਾਇਅਨੁ ਸਚੈ ਸਬਦਿ ਹਦੂਰਿ॥੧॥		Naanak Bakhas Milaaeian Sachai Sabadh Hadhoor ||1||	O Nanak, the Lord forgives, and blends them with Himself; through the True Word of the Shabad, He is ever-present. ||1||	ਹੇ ਨਾਨਕ! ਜਿਹੜੇ ਮਨੁੱਖ ਸਿਫ਼ਤਿ-ਸਾਲਾਹ ਵਾਲੇ ਗੁਰ-ਸ਼ਬਦ ਦੀ ਰਾਹੀਂ (ਪਰਮਾਤਮਾ ਦੀ) ਹਜ਼ੂਰੀ ਟਿਕੇ ਰਹਿੰਦੇ ਹਨ, ਉਹਨਾਂ ਨੂੰ ਪਰਮਾਤਮਾ ਨੇ ਮਿਹਰ ਕਰ ਕੇ (ਆਪਣੇ ਚਰਨਾਂ ਵਿਚ) ਮਿਲਾ ਲਿਆ ਹੁੰਦਾ ਹੈ ॥੧॥
36409	854	ਮਃ ੩॥		Ma 3 ||	Third Mehl:	

36410	854	ਹਰਿ ਪ੍ਰਭੁ ਸਚਾ ਸੋਹਿਲਾ ਗੁਰਮੁਖਿ ਨਾਮੁ ਗੋਵਿੰਦੁ॥		Har Prabh Sachaa Sohilaa Guramukh Naam Govindh ||	True is the Praise of the Lord God; the Gurmukh chants the Name of the Lord of the Universe.	ਹੇ ਭਾਈ! ਹਰੀ ਪ੍ਰਭੂ ਗੋਬਿੰਦ ਸਦਾ ਕਾਇਮ ਰਹਿਣ ਵਾਲਾ ਹੈ, (ਉਸ ਦੀ) ਸਿਫ਼ਤਿ-ਸਾਲਾਹ ਦਾ ਗੀਤ (ਉਸ ਦਾ) ਨਾਮ ਗੁਰੂ ਦੀ ਸਰਨ ਪਿਆਂ (ਮਿਲਦਾ ਹੈ)।
36411	854	ਅਨ ਦਿਨੁ ਨਾਮੁ ਸਲਾਹਣਾ ਹਰਿ ਜਪਿਆ ਮਨਿ ਆਨੰਦੁ॥		Anadhin Naam Salaahanaa Har Japiaa Man Aanandh ||	Praising the Naam night and day, and meditating on the Lord, the mind becomes blissful.	(ਜਿਸ ਮਨੁੱਖ ਨੂੰ ਹਰਿ-ਨਾਮ ਮਿਲਦਾ ਹੈ, ਉਹ) ਹਰ ਵੇਲੇ ਹੀ ਨਾਮ ਸਿਮਰਦਾ ਰਹਿੰਦਾ ਹੈ, ਅਤੇ ਪਰਮਾਤਮਾ ਦਾ ਨਾਮ ਸਿਮਰਦਿਆਂ (ਉਸ ਦੇ) ਮਨ ਵਿਚ ਆਤਮਕ ਆਨੰਦ ਬਣਿਆ ਰਹਿੰਦਾ ਹੈ।
36412	854	ਵਡਭਾਗੀ ਹਰਿ ਪਾਇਆ ਪੂਰਨੁ ਪਰਮਾਨੰਦੁ॥		Vaddabhaagee Har Paaeiaa Pooran Paramaanandh ||	By great good fortune, I have found the Lord, the perfect embodiment of supreme bliss.	ਪਰ, ਹੇ ਭਾਈ! ਪਰਮ ਆਨੰਦ ਦਾ ਮਾਲਕ ਪੂਰਨ ਪ੍ਰਭੂ ਪਰਮਾਤਮਾ ਵੱਡੇ ਭਾਗਾਂ ਨਾਲ ਹੀ ਮਿਲਦਾ ਹੈ।
36413	854	ਜਨ ਨਾਨਕ ਨਾਮੁ ਸਲਾਹਿਆ ਬਹੁੜਿ ਨ ਮਨਿ ਤਨਿ ਭੰਗੁ॥੨॥		Jan Naanak Naam Salaahiaa Bahurr N Man Than Bhang ||2||	Servant Nanak praises the Naam; his mind and body shall never again be shattered. ||2||	ਹੇ ਨਾਨਕ! (ਆਖ-ਜਿਨ੍ਹਾਂ) ਦਾਸਾਂ ਨੇ (ਪਰਮਾਤਮਾ ਦਾ) ਨਾਮ ਸਿਮਰਿਆ, ਉਹਨਾਂ ਦੇ ਮਨ ਵਿਚ ਉਹਨਾਂ ਦੇ ਤਨ ਵਿਚ ਮੁੜ ਕਦੇ (ਪਰਮਾਤਮਾ ਨਾਲੋਂ) ਵਿੱਥ ਨਹੀਂ ਬਣਦੀ ॥੨॥
36414	855	ਪਉੜੀ॥		Pourree ||	Pauree:	

36415	855	ਕੋਈ ਨਿੰਦਕੁ ਹੋਵੈ ਸਤਿਗੁਰੂ ਕਾ ਫਿਰਿ ਸਰਣਿ ਗੁਰ ਆਵੈ॥		Koee Nindhak Hovai Sathiguroo Kaa Fir Saran Gur Aavai ||	If someone slanders the True Guru, and then comes seeking the Guru's Protection	(ਜੇ) ਕੋਈ ਮਨੁੱਖ (ਪਹਿਲਾਂ) ਗੁਰੂ ਦੀ ਨਿੰਦਾ ਕਰਨ ਵਾਲਾ ਹੋਵੇ (ਪਰ) ਫਿਰ ਗੁਰੂ ਦੀ ਸਰਨ ਆ ਜਾਏ,
36416	855	ਪਿਛਲੇ ਗੁਨਹ ਸਤਿਗੁਰੁ ਬਖਸਿ ਲਏ ਸਤਸੰਗਤਿ ਨਾਲਿ ਰਲਾਵੈ॥		Pishhalae Guneh Sathigur Bakhas Leae Sathasangath Naal Ralaavai ||	The True Guru forgives him for his past sins, and unites him with the Saints' Congregation.	ਤਾਂ ਸਤਿਗੁਰੂ (ਉਸ ਦੇ) ਪਿਛਲੇ ਔਗੁਣ ਬਖ਼ਸ਼ ਲੈਂਦਾ ਹੈ (ਤੇ ਉਸ ਨੂੰ) ਸਾਧ ਸੰਗਤਿ ਵਿਚ ਰਲਾ ਦੇਂਦਾ ਹੈ।
36417	855	ਜਿਉ ਮੀਹਿ ਵੁਠੈ ਗਲੀਆ ਨਾਲਿਆ ਟੋਭਿਆ ਕਾ ਜਲੁ ਜਾਇ ਪਵੈ ਵਿਚਿ ਸੁਰਸਰੀ ਸੁਰਸਰੀ ਮਿਲਤ ਪਵਿਤ੍ਰੁ ਪਾਵਨੁ ਹੋਇ ਜਾਵੈ॥	(ਸੁਰ-ਸਰੀ)ਗੰਗਾ। (ਸੁਰ-ਸਰੀ)ਸਤਿਸੰਗਤ ਚ ਮਿਲ ਕੇ ਇਕੋ ਰੂਪ ਹੋ ਜਾਂਦੇ ਹਨ। ਗੁਰੂ ਪ੍ਰਮੇਸਰ ਜੀ ਅਗਮ ਅਪਾਰ ਨਿਰੇ ਕ੍ਰਿਪਾ ਹੀ ਕ੍ਰਿਪਾ ਪ੍ਰਕਾਸ਼ ਸਰੂਪ ਹਨ।ਜੋ ਹਰ ਵੇਲੇ ਅੱਗ ਦੇ ਸਮੁੰਦ੍ਰ ਸੰਸਾਰ ਤੇ,ਕ੍ਰਿਪਾ ਹੀ ਕ੍ਰਿਪਾ ਕਰਦੇ ਹਨ,ਹਰ ਸਮੇਂ ਸੰਸਾਰ ਚ ਲੱਗੀ ਅੱਗ ਨੂੰ,ਸਾਚ ਨਾਮ ਕੀ ਅੰਮ੍ਰਿਤ ਵਰਖਾ॥ਕਰਕੇ,ਬੁਝਾਉਂਦੇ ਰਹਿੰਦੇ ਹਨ	Jio Meehi Vuthai Galeeaa Naaliaa Ttobhiaa Kaa Jal Jaae Pavai Vich Surasaree Surasaree Milath Pavithra Paavan Hoe Jaavai ||	When the rain falls, the water in the streams, rivers and ponds flows into the Ganges; flowing into the Ganges, it is made sacred and pure.	ਹੇ ਭਾਈ! ਜਿਵੇਂ ਮੀਂਹ ਪਿਆਂ ਗਲੀਆਂ ਨਾਲਿਆਂ ਟੋਭਿਆਂ ਦਾ ਪਾਣੀ (ਜਦੋਂ) ਗੰਗਾ ਵਿਚ ਜਾ ਪੈਂਦਾ ਹੈ (ਤਾਂ) ਗੰਗਾ ਵਿਚ ਮਿਲਦਿਆਂ (ਹੀ ਉਹ ਪਾਣੀ) ਪੂਰਨ ਤੌਰ ਤੇ ਪਵਿੱਤਰ ਹੋ ਜਾਂਦਾ ਹੈ,

36418	855	ਏਹ ਵਡਿਆਈ ਸਤਿਗੁਰ ਨਿਰਵੈਰ ਵਿਚਿ ਜਿਤੁ ਮਿਲਿਐ ਤਿਸਨਾ ਭੁਖ ਉਤਰੈ ਹਰਿ ਸਾਂਤਿ ਤੜ ਆਵੈ॥	(ਤੜ) ਝਟਪਟ। (ਭੁੱਖ)ਅ-ਚਰਜੁ	Eaeh Vaddiaaee Sathigur Niravair Vich Jith Miliai Thisanaa Bhukh Outharai Har Saanth Tharr Aavai ||	Such is the glorious greatness of the True Guru, who has no vengeance; meeting with Him, thirst and hunger are quenched, and instantly, one attains celestial peace.	(ਤਿਵੇਂ) ਨਿਰਵੈਰ ਸਤਿਗੁਰੂ ਵਿਚ (ਭੀ) ਇਹ ਗੁਣ ਹੈ ਕਿ ਉਸ (ਗੁਰੂ) ਨੂੰ ਮਿਲਿਆਂ (ਮਨੁੱਖ ਦੀ ਮਾਇਆ ਦੀ) ਤ੍ਰਿਹ (ਮਾਇਆ ਦੀ) ਭੁੱਖ ਦੂਰ ਹੋ ਜਾਂਦੀ ਹੈ (ਤੇ ਉਸ ਦੇ ਅੰਦਰ) ਪਰਮਾਤਮਾ (ਦੇ ਮਿਲਾਪ) ਦੀ ਠੰਢ ਤੁਰਤ ਪੈ ਜਾਂਦੀ ਹੈ।
36419	855	ਨਾਨਕ ਇਹੁ ਅਚਰਜੁ ਦੇਖਹੁ ਮੇਰੇ ਹਰਿ ਸਚੇ ਸਾਹ ਕਾ ਜਿ ਸਤਿਗੁਰੂ ਨੋ ਮੰਨੈ ਸੁ ਸਭਨਾਂ ਭਾਵੈ॥੧੩॥੧॥ਸੁਧੁ॥		Naanak Eihu Acharaj Dhaekhahu Maerae Har Sachae Saah Kaa J Sathiguroo No Mannai S Sabhanaan Bhaavai ||13||1|| Sudhh ||	O Nanak, behold this wonder of the Lord, my True King! Everyone is pleased with one who obeys and believes in the True Guru. ||13||1|| Sudh||	ਹੇ ਨਾਨਕ! (ਆਖ-ਹੇ ਭਾਈ!) ਸਦਾ ਕਾਇਮ ਰਹਿਣ ਵਾਲੇ ਸ਼ਾਹ ਪਰਮਾਤਮਾ ਦਾ ਇਹ ਅਚਰਜ ਤਮਾਸ਼ਾ ਵੇਖੋ ਕਿ ਜਿਹੜਾ ਮਨੁੱਖ ਗੁਰੂ ਉਤੇ ਸਰਧਾ ਲਿਆਉਂਦਾ ਹੈ ਉਹ ਮਨੁੱਖ ਸਭਨਾਂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ ॥੧੩॥੧॥ ਸੁਧੁ ॥
36420	855	ਬਿਲਾਵਲੁ ਬਾਣੀ ਭਗਤਾ ਕੀ॥ਕਬੀਰ ਜੀਉ ਕੀ		Bilaaval Baanee Bhagathaa Kee || Kabeer Jeeo Kee	Bilaaval, The Word Of The Devotees. Of Kabeer Jee:	ਰਾਗ ਬਿਲਾਵਲ ਵਿੱਚ ਭਗਤਾਂ ਦੀ ਬਾਣੀ। ਕਬੀਰ ਜੀ ਦੀ ਬਾਣੀ।

36421	855	ੴ ਸਤਿਨਾਮੁ ਕਰਤਾ ਪੁਰਖੁ ਗੁਰ ਪ੍ਰਸਾਦਿ॥		Ik Oankaar Sath Naam Karathaa Purakh Gur Prasaadh ||	One Universal Creator God. Truth Is The Name. Creative Being Personified By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
36422	855	ਐਸੋ ਇਹੁ ਸੰਸਾਰੁ ਪੇਖਨਾ ਰਹਨੁ ਨ ਕੋਊ ਪਈ ਹੈ ਰੇ॥		Aiso Eihu Sansaar Paekhanaa Rehan N Kooo Peehai Rae ||	This world is a drama; no one can remain here.	ਹੇ ਜਿੰਦੇ! ਇਹ ਜਗਤ ਅਜਿਹਾ ਵੇਖਣ ਵਿਚ ਆ ਰਿਹਾ ਹੈ, ਕਿ ਇੱਥੇ ਕੋਈ ਭੀ ਜੀਵ ਸਦਾ-ਥਿਰ ਨਹੀਂ ਰਹੇਗਾ।
36423	855	ਸੂਧੇ ਸੂਧੇ ਰੇਗਿ ਚਲਹੁ ਤੁਮ ਨਤਰ ਕੁਧਕਾ ਦਿਵਈ ਹੈ ਰੇ॥੧॥ਰਹਾਉ॥	(ਰੇਗਿ)ਰਸਤੇ। (ਨ–ਤਰ) ਨਹੀਂ ਤਾਂ। ਨਤਰ:ਪੋਲਾ ਬੋਲੋ। ਨਰਕ ਦਾ (ਕੁ–ਧੱਕਾ)ਖੋਟਾ ਧੱਕਾ	Soodhhae Soodhhae Raeg Chalahu Thum Nathar Kudhhakaa Dhiveehai Rae ||1|| Rehaao ||	Walk the straight path; otherwise, you will be pushed around. ||1||Pause||	ਸੋ, ਤੂੰ ਸਿੱਧੇ ਰਾਹੇ ਤੁਰੀਂ, ਨਹੀਂ ਤਾਂ ਬੁਰਾ ਧੱਕਾ ਵੱਜਣ ਦਾ ਡਰ ਹੈ (ਭਾਵ, ਇਸ ਭੁਲੇਖੇ ਵਿਚ ਕਿ ਇੱਥੇ ਸਦਾ ਬਹਿ ਰਹਿਣਾ ਹੈ, ਕੁਰਾਹੇ ਪੈਣ ਦਾ ਬੜਾ ਖ਼ਤਰਾ ਹੁੰਦਾ ਹੈ) ॥੧॥ ਰਹਾਉ ॥
36424	855	ਬਾਰੇ ਬੂਢੇ ਤਰੁਨੇ ਭਈਆ ਸਭਹੂ ਜਮੁ ਲੈ ਜਈ ਹੈ ਰੇ॥		Baarae Boodtae Tharunae Bheeaa Sabhehoo Jam Lai Jeehai Rae ||	The children, the young and the old, O Siblings of Destiny, will be taken away by the Messenger of Death.	ਹੇ ਜਿੰਦੇ! ਬਾਲਕ ਹੋਵੇ, ਬੁੱਢਾ ਹੋਵੇ, ਚਾਹੇ ਜੁਆਨ ਹੋਵੇ, ਮੌਤ ਸਭਨਾਂ ਨੂੰ ਹੀ ਇੱਥੋਂ ਲੈ ਜਾਂਦੀ ਹੈ।
36425	855	ਮਾਨਸੁ ਬਪੁਰਾ ਮੂਸਾ ਕੀਨੋ ਮੀਚੁ ਬਿਲਈਆ ਖਈ ਹੈ ਰੇ॥੧॥		Maanas Bapuraa Moosaa Keeno Meech Bileeaa Kheehai Rae ||1||	The Lord has made the poor man a mouse, and the cat of Death is eating him up. ||1||	ਮਨੁੱਖ ਵਿਚਾਰਾ ਤਾਂ, ਮਾਨੋ, ਚੂਹਾ ਬਣਾਇਆ ਗਿਆ ਹੈ ਜਿਸ ਨੂੰ ਮੌਤ-ਰੂਪ ਬਿੱਲਾ ਖਾ ਜਾਂਦਾ ਹੈ ॥੧॥

36426	855	ਧਨਵੰਤਾ ਅਰੁ ਨਿਰਧਨ ਮਨਈ ਤਾ ਕੀ ਕਛੂ ਨ ਕਾਨੀ ਰੇ॥	(ਮ-ਨਈ) ਮਨੁਖ।	Dhhanavanthaa Ar Niradhhan Manee Thaa Kee Kashhoo N Kaanee Rae ||	It gives no special consideration to either the rich or the poor.	ਹੇ ਜਿੰਦੇ! ਮਨੁੱਖ ਧਨਵਾਨ ਹੋਵੇ ਭਾਵੇਂ ਕੰਗਾਲ, ਮੌਤ ਨੂੰ ਕਿਸੇ ਦਾ ਲਿਹਾਜ਼ ਨਹੀਂ ਹੈ।
36427	855	ਰਾਜਾ ਪਰਜਾ ਸਮ ਕਰਿ ਮਾਰੈ ਐਸੋ ਕਾਲੁ ਬਡਾਨੀ ਰੇ॥੨॥		Raajaa Parajaa Sam Kar Maarai Aiso Kaal Baddaanee Rae ||2||	The king and his subjects are equally killed; such is the power of Death. ||2||	ਮੌਤ ਰਾਜੇ ਤੇ ਪਰਜਾ ਨੂੰ ਇੱਕ-ਸਮਾਨ ਮਾਰ ਲੈਂਦੀ ਹੈ, ਇਹ ਮੌਤ ਹੈ ਹੀ ਐਸੀ ਡਾਢੀ ॥੨॥
36428	855	ਹਰਿ ਕੇ ਸੇਵਕ ਜੋ ਹਰਿ ਭਾਏ ਤਿਨ੍ ਕੀ ਕਥਾ ਨਿਰਾਰੀ ਰੇ॥		Har Kae Saevak Jo Har Bhaaeae Thinh Kee Kathhaa Niraaree Rae ||	Those who are pleasing to the Lord are the servants of the Lord; their story is unique and singular.	ਪਰ ਜੋ ਬੰਦੇ ਪ੍ਰਭੂ ਦੀ ਭਗਤੀ ਕਰਦੇ ਹਨ ਤੇ ਪ੍ਰਭੂ ਨੂੰ ਪਿਆਰੇ ਲੱਗਦੇ ਹਨ, ਉਹਨਾਂ ਦੀ ਗੱਲ (ਸਾਰੇ ਜਹਾਨ ਨਾਲੋਂ) ਨਿਰਾਲੀ ਹੈ।
36429	855	ਆਵਹਿ ਨ ਜਾਹਿ ਨ ਕਬਹੂ ਮਰਤੇ ਪਾਰਬ੍ਰਹਮ ਸੰਗਾਰੀ ਰੇ॥੩॥		Aavehi N Jaahi N Kabehoo Marathae Paarabreham Sangaaree Rae ||3||	They do not come and go, and they never die; they remain with the Supreme Lord God. ||3||	ਉਹ ਨਾਹ ਜੰਮਦੇ ਹਨ ਨਾਹ ਮਰਦੇ ਹਨ, ਕਿਉਂਕਿ, ਹੇ ਜਿੰਦੇ! ਉਹ ਪਰਮਾਤਮਾ ਨੂੰ ਸਦਾ ਆਪਣਾ ਸੰਗੀ-ਸਾਥੀ ਜਾਣਦੇ ਹਨ ॥੩॥

36430	855	ਪੁਤ੍ਰ ਕਲਤ੍ਰ ਲਛਿਮੀ ਮਾਇਆ ਇਹੈ ਤਜਹੁ ਜੀਅ ਜਾਨੀ ਰੇ॥	ਪੁੱਤ੍ਰ।ਕ-ਲੱਤ੍ਰ	Puthr Kalathr Lashhimee Maaeiaa Eihai Thajahu Jeea Jaanee Rae ||	Know this in your soul, that by renouncing your children, spouse, wealth and property	ਸੋ, ਹੇ ਪਿਆਰੀ ਜਿੰਦ! ਪੁੱਤਰ, ਵਹੁਟੀ, ਧਨ-ਪਦਾਰਥ-ਇਹਨਾਂ ਦਾ ਮੋਹ ਛੱਡ ਦੇਹ।
36431	855	ਕਹਤ ਕਬੀਰ ਸੁਨਹੁ ਰੇ ਸੰਤਹੁ ਮਿਲਿ ਹੈ ਸਾਰਿਗਪਾਨੀ ਰੇ॥੪॥੧॥		Kehath Kabeer Sunahu Rae Santhahu Milihai Saarigapaanee Rae ||4||1||	- says Kabeer, listen, O Saints - you shall be united with the Lord of the Universe. ||4||1||	ਕਬੀਰ ਆਖਦਾ ਹੈ-ਹੇ ਸੰਤ ਜਨੋ! ਮੋਹ ਛੱਡਿਆਂ ਪਰਮਾਤਮਾ ਮਿਲ ਪੈਂਦਾ ਹੈ (ਤੇ ਮੌਤ ਦਾ ਡਰ ਮੁੱਕ ਜਾਂਦਾ ਹੈ) ॥੪॥੧॥
36432	855	ਬਿਲਾਵਲੁ॥		Bilaaval ||	Bilaaval:	
36433	855	ਬਿਦਿਆ ਨ ਪਰਉ ਬਾਦੁ ਨਹੀ ਜਾਨਉ॥		Bidhiaa N Paro Baadh Nehee Jaano ||	I do not read books of knowledge, and I do not understand the debates.	(ਬਹਿਸਾਂ ਦੀ ਖ਼ਾਤਰ) ਮੈਂ (ਤੁਹਾਡੀ ਬਹਿਸਾਂ ਵਾਲੀ) ਵਿੱਦਿਆ ਨਹੀਂ ਪੜ੍ਹਦਾ, ਨਾਹ ਹੀ ਮੈਂ (ਧਾਰਮਿਕ) ਬਹਿਸਾਂ ਕਰਨੀਆਂ ਜਾਣਦਾ ਹਾਂ (ਭਾਵ, ਆਤਮਕ ਜੀਵਨ ਵਾਸਤੇ ਮੈਂ ਕਿਸੇ ਵਿਦਵਤਾ-ਭਰੀ ਧਾਰਮਿਕ ਚਰਚਾ ਦੀ ਲੋੜ ਨਹੀਂ ਸਮਝਦਾ)।
36434	855	ਹਰਿ ਗੁਨ ਕਥਤ ਸੁਨਤ ਬਉਰਾਨੋ॥੧॥		Har Gun Kathhath Sunath Bouraano ||1||	I have gone insane, chanting and hearing the Glorious Praises of the Lord. ||1||	ਮੈਂ ਤਾਂ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨ ਸੁਣਨ ਵਿਚ ਮਸਤ ਰਹਿੰਦਾ ਹਾਂ ॥੧॥

36435	855	ਮੇਰੇ ਬਾਬਾ ਮੈ ਬਉਰਾ ਸਭ ਖਲਕ ਸੈਆਨੀ ਮੈ ਬਉਰਾ॥		Maerae Baabaa Mai Bouraa Sabh Khalak Saiaanee Mai Bouraa ||	O my father, I have gone insane; the whole world is sane, and I am insane.	ਹੇ ਪਿਆਰੇ ਸੱਜਣ! (ਲੋਕਾਂ ਦੇ ਭਾਣੇ) ਮੈਂ ਕਮਲਾ ਹਾਂ। ਲੋਕ ਸਿਆਣੇ ਹਨ ਤੇ ਮੈਂ ਕਮਲਾ ਹਾਂ।
36436	855	ਮੈ ਬਿਗਰਿਓ ਬਿਗਰੈ ਮਤਿ ਅਉਰਾ॥੧॥ਰਹਾਉ॥		Mai Bigariou Bigarai Math Aouraa ||1|| Rehaao ||	I am spoiled; let no one else be spoiled like me. ||1||Pause||	(ਲੋਕਾਂ ਦੇ ਖ਼ਿਆਲ ਵਿਚ) ਮੈਂ ਕੁਰਾਹੇ ਪੈ ਗਿਆ ਹਾਂ (ਕਿਉਂਕਿ ਮੈਂ ਆਪਣੇ ਗੁਰੂ ਦੇ ਰਾਹ ਤੇ ਤੁਰ ਕੇ ਪ੍ਰਭੂ ਦਾ ਭਜਨ ਕਰਦਾ ਹਾਂ), (ਪਰ ਲੋਕ ਆਪਣਾ ਧਿਆਨ ਰੱਖਣ, ਇਸ) ਕੁਰਾਹੇ ਹੋਰ ਕੋਈ ਨਾਹ ਪਏ ॥੧॥ ਰਹਾਉ ॥
36437	855	ਆਪਿ ਨ ਬਉਰਾ ਰਾਮ ਕੀਓ ਬਉਰਾ॥		Aap N Bouraa Raam Keeou Bouraa ||	I have not made myself go insane - the Lord made me go insane.	ਮੈਂ ਆਪਣੇ ਆਪ (ਇਸ ਤਰ੍ਹਾਂ ਦਾ) ਕਮਲਾ ਨਹੀਂ ਬਣਿਆ, ਇਹ ਤਾਂ ਮੈਨੂੰ ਮੇਰੇ ਪ੍ਰਭੂ ਨੇ (ਆਪਣੀ ਭਗਤੀ ਵਿਚ ਜੋੜ ਕੇ) ਕਮਲਾ ਕਰ ਦਿੱਤਾ ਹੈ,
36438	855	ਸਤਿਗੁਰੁ ਜਾਰਿ ਗਇਓ ਭ੍ਰਮੁ ਮੋਰਾ॥੨॥	ਸਤਿਗੁਰਾਂ ਦਾ ਜਾਰਿਆ ਦਾਸ ਦਾ ਭਰਮ ਚਲਿਆ ਗਿਆ	Sathigur Jaar Gaeiou Bhram Moraa ||2||	The True Guru has burnt away my doubt. ||2||	ਤੇ ਮੇਰੇ ਗੁਰੂ ਨੇ ਮੇਰਾ ਭਰਮ-ਵਹਿਮ ਸਭ ਸਾੜ ਦਿੱਤਾ ਹੈ ॥੨॥
36439	855	ਮੈ ਬਿਗਰੇ ਅਪਨੀ ਮਤਿ ਖੋਈ॥		Mai Bigarae Apanee Math Khoee ||	I am spoiled; I have lost my intellect.	(ਜੇ) ਮੈਂ ਕੁਰਾਹੇ ਪਏ ਹੋਏ ਨੇ ਆਪਣੀ ਅਕਲ ਗੁਆ ਲਈ ਹੈ (ਤਾਂ ਲੋਕਾਂ ਨੂੰ ਭਲਾ ਕਿਉਂ ਮੇਰਾ ਇਤਨਾ ਫ਼ਿਕਰ ਹੈ?)

36440	855	ਮੇਰੇ ਭਰਮਿ ਭੂਲਉ ਮਤਿ ਕੋਈ॥੩॥		Maerae Bharam Bhoolo Math Koee ||3||	Let no one go astray in doubt like me. ||3||	ਕੋਈ ਹੋਰ ਧਿਰ ਮੇਰੇ ਵਾਲੇ ਇਸ ਭੁਲੇਖੇ ਵਿਚ ਬੇਸ਼ਕ ਨਾਹ ਪਏ ॥੩॥
36441	855	ਸੋ ਬਉਰਾ ਜੋ ਆਪੁ ਨ ਪਛਾਨੈ॥		So Bouraa Jo Aap N Pashhaanai ||	He alone is insane, who does not understand himself.	(ਪਰ ਲੋਕਾਂ ਨੂੰ ਇਹ ਭੁਲੇਖਾ ਹੈ ਕਿ ਪ੍ਰਭੂ ਦੀ ਭਗਤੀ ਕਰਨ ਵਾਲਾ ਬੰਦਾ ਝੱਲਾ ਹੁੰਦਾ ਹੈ) ਝੱਲਾ ਉਹ ਬੰਦਾ ਹੈ ਜੋ ਆਪਣੇ ਅਸਲੇ ਦੀ ਪਛਾਣ ਨਹੀਂ ਕਰਦਾ।
36442	855	ਆਪੁ ਪਛਾਨੈ ਤ ਏਕੈ ਜਾਨੈ॥੪॥		Aap Pashhaanai Th Eaekai Jaanai ||4||	When he understands himself, then he knows the One Lord. ||4||	ਜੋ ਆਪਣੇ ਆਪ ਨੂੰ ਪਛਾਣਦਾ ਹੈ ਉਹ ਹਰ ਥਾਂ ਇੱਕ ਪਰਮਾਤਮਾ ਨੂੰ ਵੱਸਦਾ ਜਾਣਦਾ ਹੈ ॥੪॥
36443	855	ਅਬਹਿ ਨ ਮਾਤਾ ਸੁ ਕਬਹੁ ਨ ਮਾਤਾ॥	ਮੱਾਤਾ	Abehi N Maathaa S Kabahu N Maathaa ||	One who is not intoxicated with the Lord now, shall never be intoxicated.	ਜੋ ਮਨੁੱਖ ਇਸ ਜੀਵਨ ਵਿਚ ਮਤਵਾਲਾ ਨਹੀਂ ਬਣਦਾ, ਉਸ ਨੇ ਕਦੇ ਭੀ ਨਹੀਂ ਬਣਨਾ (ਤੇ, ਉਹ ਜੀਵਨ ਅਜਾਈਂ ਗੰਵਾ ਜਾਇਗਾ)
36444	855	ਕਹਿ ਕਬੀਰ ਰਾਮੈ ਰੰਗਿ ਰਾਤਾ॥੫॥੨॥	ਰੱਾਤਾ	Kehi Kabeer Raamai Rang Raathaa ||5||2||	Says Kabeer, I am imbued with the Lord's Love. ||5||2||	ਕਬੀਰ ਆਖਦਾ ਹੈ-ਪਰਮਾਤਮਾ ਦੇ ਪਿਆਰ ਵਿਚ ਰੰਗੀਜ ਕੇ (ਆਪਣੇ ਆਪ ਨੂੰ ਪਛਾਣ) ॥੫॥੨॥
36445	855	ਬਿਲਾਵਲੁ॥		Bilaaval ||	Bilaaval:	

36446	855	ਗ੍ਰਿਹੁ ਤਜਿ ਬਨ ਖੰਡ ਜਾਈਐ ਚੁਨਿ ਖਾਈਐ ਕੰਦਾ॥		Grihu Thaj Ban Khandd Jaaeeai Chun Khaaeeai Kandhaa ||	Abandoning his household, he may go to the forest, and live by eating roots;	ਜੇ ਗ੍ਰਿਹਸਤ ਤਿਆਗ ਕੇ ਜੰਗਲਾਂ ਵਿਚ ਚਲੇ ਜਾਈਏ, ਤੇ ਗਾਜਰ ਮੂਲੀ ਆਦਿਕ ਖਾ ਕੇ ਗੁਜ਼ਾਰਾ ਕਰੀਏ,
36447	855	ਅਜਹੁ ਬਿਕਾਰ ਨ ਛੋਡਈ ਪਾਪੀ ਮਨੁ ਮੰਦਾ॥੧॥		Ajahu Bikaar N Shhoddee Paapee Man Mandhaa ||1||	But even so, his sinful, evil mind does not renounce corruption. ||1||	ਤਾਂ ਭੀ ਇਹ ਪਾਪੀ ਚੰਦਰਾ ਮਨ ਵਿਕਾਰ ਨਹੀਂ ਛੱਡਦਾ ॥੧॥
36448	855	ਕਿਉ ਛੂਟਉ ਕੈਸੇ ਤਰਉ ਭਵਜਲ ਨਿਧਿ ਭਾਰੀ॥		Kio Shhootto Kaisae Tharo Bhavajal Nidhh Bhaaree ||	How can anyone be saved? How can anyone cross over the terrifying world-ocean?	ਹੇ ਪ੍ਰਭੂ! ਮੈਂ ਕਿਵੇਂ ਇਹਨਾਂ ਤੋਂ ਖ਼ਲਾਸੀ ਕਰਾਵਾਂ? ਇਹ ਸੰਸਾਰ ਬੜਾ ਵੱਡਾ ਸਮੁੰਦਰ ਹੈ, ਮੈਂ ਕਿਵੇਂ ਇਸ ਤੋਂ ਪਾਰ ਲੰਘਾਂ?
36449	855	ਰਾਖੁ ਰਾਖੁ ਮੇਰੇ ਬੀਠੁਲਾ ਜਨੁ ਸਰਨਿ ਤੁਮ੍ਹਾਰੀ॥੧॥ਰਹਾਉ॥		Raakh Raakh Maerae Beethulaa Jan Saran Thumhaaree ||1|| Rehaao ||	Save me, save me, O my Lord! Your humble servant seeks Your Sanctuary. ||1||Pause||	ਹੇ ਮੇਰੇ ਪ੍ਰਭੂ! ਮੈਂ ਤੇਰਾ ਦਾਸ ਤੇਰੀ ਸ਼ਰਨ ਆਇਆ ਹਾਂ, ਮੈਨੂੰ (ਇਹਨਾਂ ਵਿਕਾਰਾਂ ਤੋਂ) ਬਚਾ ॥੧॥ ਰਹਾਉ ॥
36450	855	ਬਿਖੈ ਬਿਖੈ ਕੀ ਬਾਸਨਾ ਤਜੀਅ ਨਹ ਜਾਈ॥		Bikhai Bikhai Kee Baasanaa Thajeea Neh Jaaee ||	I cannot escape my desire for sin and corruption.	ਹੇ ਮੇਰੇ ਬੀਠਲ! ਮੈਥੋਂ ਇਹਨਾਂ ਅਨੇਕਾਂ ਕਿਸਮਾਂ ਦੇ ਵਿਸ਼ਿਆਂ ਦੇ ਚਸਕੇ ਛੱਡੇ ਨਹੀਂ ਜਾ ਸਕਦੇ।

36451	855	ਅਨਿਕ ਜਤਨ ਕਰਿ ਰਾਖੀਐ ਫਿਰਿ ਫਿਰਿ ਲਪਟਾਈ॥੨॥		Anik Jathan Kar Raakheeai Fir Fir Lapattaaee ||2||	I make all sorts of efforts to hold back from this desire, but it clings to me, again and again. ||2||	ਕਈ ਜਤਨ ਕਰ ਕੇ ਇਸ ਮਨ ਨੂੰ ਰੋਕੀਦਾ ਹੈ, ਪਰ ਇਹ ਮੁੜ ਮੁੜ ਵਿਸ਼ਿਆਂ ਦੀਆਂ ਵਾਸ਼ਨਾਂ ਨੂੰ ਜਾ ਚੰਬੜਦਾ ਹੈ ॥੨॥
36452	856	ਜਰਾ ਜੀਵਨ ਜੋਬਨੁ ਗਇਆ ਕਿਛੁ ਕੀਆ ਨ ਨੀਕਾ॥		Jaraa Jeevan Joban Gaeiaa Kishh Keeaa N Neekaa ||	Youth and old age - my entire life has passed, but I haven't done any good.	ਬੁਢੇਪਾ ਆ ਗਿਆ ਹੈ, ਜੁਆਨੀ ਦੀ ਉਮਰ ਲੰਘ ਗਈ ਹੈ, ਪਰ ਮੈਂ ਹੁਣ ਤਕ ਕੋਈ ਚੰਗਾ ਕੰਮ ਨਹੀਂ ਕੀਤਾ।
36453	856	ਇਹੁ ਜੀਅਰਾ ਨਿਰਮੋਲਕੋ ਕਉਡੀ ਲਗਿ ਮੀਕਾ॥੩॥	ਔਗੁਣ ਪਾਪ ਵਿਸ਼ੇ ਰੂਪੀ ਕਉਡੀ ਨਾਲ ਲੱਗਿ ਕੇ (ਮੀਕਾ)ਮਿਲ ਗਿਆ	Eihu Jeearaa Niramolako Kouddee Lag Meekaa ||3||	This priceless soul has been treated as if if were worth no more than a shell. ||3||	ਮੇਰੀ ਇਹ ਜਿੰਦ ਅਮੋਲਕ ਸੀ, ਪਰ ਮੈਂ ਇਸ ਨੂੰ ਕੌਡੀ ਦੇ ਬਰਾਬਰ ਕਰ ਦਿੱਤਾ ਹੈ ॥੩॥
36454	856	ਕਹੁ ਕਬੀਰ ਮੇਰੇ ਮਾਧਵਾ ਤੂ ਸਰਬ ਬਿਆਪੀ॥		Kahu Kabeer Maerae Maadhhavaa Thoo Sarab Biaapee ||	Says Kabeer, O my Lord, You are contained in all.	ਕਬੀਰ ਆਖਦਾ ਹੈ- (ਆਪਣੇ ਪ੍ਰਭੂ ਅੱਗੇ ਇਉਂ) ਬੇਨਤੀ ਕਰ-ਹੇ ਪਿਆਰੇ ਪ੍ਰਭੂ! ਤੂੰ ਸਭ ਜੀਆਂ ਵਿਚ ਵਿਆਪਕ ਹੈਂ (ਤੇ ਸਭ ਦੇ ਦਿਲ ਦੀ ਜਾਣਦਾ ਹੈਂ, ਮੇਰਾ ਅੰਦਰਲਾ ਹਾਲ ਭੀ ਤੂੰ ਜਾਣਦਾ ਹੈਂ)

36455	856	ਤੁਮ ਸਮਸਰਿ ਨਾਹੀ ਦਇਆਲੁ ਮੋਹਿ ਸਮਸਰਿ ਪਾਪੀ॥੪॥੩॥		Thum Samasar Naahee Dhaeiaal Mohi Samasar Paapee ||4||3||	There is none as merciful as You are, and none as sinful as I am. ||4||3||	ਤੇਰੇ ਜੇਡਾ ਕੋਈ ਦਇਆ ਕਰਨ ਵਾਲਾ ਨਹੀਂ, ਤੇ ਮੇਰੇ ਵਰਗਾ ਕੋਈ ਪਾਪੀ ਨਹੀਂ (ਸੋ, ਮੈਨੂੰ ਤੂੰ ਆਪ ਹੀ ਇਹਨਾਂ ਵਿਕਾਰਾਂ ਤੋਂ ਬਚਾ) ॥੪॥੩॥
36456	856	ਬਿਲਾਵਲੁ॥		Bilaaval ||	Bilaaval:	
36457	856	ਨਿਤ ਉਠਿ ਕੋਰੀ ਗਾਗਰਿ ਆਨੈ ਲੀਪਤ ਜੀਉ ਗਇਓ॥		Nith Outh Koree Gaagar Aanai Leepath Jeeo Gaeiou ||	Every day, he rises early, and brings a fresh clay pot; he passes his life embellishing and glazing it.	ਇਹ ਜੁਲਾਹ (-ਪੁੱਤਰ) ਰੋਜ਼ ਸਵੇਰੇ ਉੱਠ ਕੇ (ਪਾਣੀ ਦੀ) ਗਾਗਰ ਲਿਆਉਂਦਾ ਹੈ ਤੇ ਪੋਚਾ ਫੇਰਦਾ ਖਪ ਜਾਂਦਾ ਹੈ,
36458	856	ਤਾਨਾ ਬਾਨਾ ਕਛੂ ਨ ਸੂਝੈ ਹਰਿ ਹਰਿ ਰਸਿ ਲਪਟਿਓ ॥੧॥	ਤਾਨਾ,ਬਾਨਾ:ਪੋਲਾ ਬੋਲੋ।ਲਪ-ਟਿਓ	Thaanaa Baanaa Kashhoo N Soojhai Har Har Ras Lapattiou ||1||	He does not think at all of worldly weaving; he is absorbed in the subtle essence of the Lord, Har, Har. ||1||	ਇਸ ਨੂੰ ਆਪਣੇ ਖੱਡੀ ਦੇ ਕੰਮ ਦੀ ਸੁਰਤ ਹੀ ਨਹੀਂ ਰਹੀ, ਸਦਾ ਹਰੀ ਦੇ ਰਸ ਵਿਚ ਹੀ ਮਗਨ ਰਹਿੰਦਾ ਹੈ ॥੧॥
36459	856	ਹਮਾਰੇ ਕੁਲ ਕਉਨੇ ਰਾਮੁ ਕਹਿਓ॥		Hamaarae Kul Kounae Raam Kehiou ||	Who in our family has ever chanted the Name of the Lord?	ਸਾਡੀ ਕੁਲ ਵਿਚ ਕਦੇ ਕਿਸੇ ਨੇ ਪਰਮਾਤਮਾ ਦਾ ਭਜਨ ਨਹੀਂ ਸੀ ਕੀਤਾ।

36460	856	ਜਬ ਕੀ ਮਾਲਾ ਲਈ ਨਿਪੂਤੇ ਤਬ ਤੇ ਸੁਖੁ ਨ ਭਇਓ॥੧॥ਰਹਾਉ॥	ਮਾਲਾ:ਪੋਲਾ ਬੋਲੋ	Jab Kee Maalaa Lee Nipoothae Thab Thae Sukh N Bhaeiou ||1|| Rehaao ||	Ever since this worthless son of mine began chanting with his mala, we have had no peace at all! ||1||Pause||	ਜਦੋਂ ਦਾ ਮੇਰਾ ਔਤਰਾ (ਪੁੱਤਰ) ਭਗਤੀ ਵਿਚ ਲੱਗਾ ਹੈ, ਤਦੋਂ ਤੋਂ ਸਾਨੂੰ ਕੋਈ ਸੁਖ ਨਹੀਂ ਰਿਹਾ ॥੧॥ ਰਹਾਉ ॥
36461	856	ਸੁਨਹੁ ਜਿਠਾਨੀ ਸੁਨਹੁ ਦਿਰਾਨੀ ਅਚਰਜੁ ਏਕੁ ਭਇਓ॥	ਅ-ਚਰਜੁ	Sunahu Jithaanee Sunahu Dhiraanee Acharaj Eaek Bhaeiou ||	Listen, O my sisters-in-law, a wondrous thing has happened!	ਹੇ ਮੇਰੀਓ ਦਿਰਾਣੀਓ ਜਿਠਾਣੀਓ! ਸੁਣੋ, (ਸਾਡੇ ਘਰ) ਇਹ ਕਿਹਾ ਅਚਰਜ ਭਾਣਾ ਵਰਤ ਗਿਆ ਹੈ?
36462	856	ਸਾਤ ਸੂਤ ਇਨਿ ਮੁਡੀਂਏ ਖੋਏ ਇਹੁ ਮੁਡੀਆ ਕਿਉ ਨ ਮੁਇਓ॥੨॥		Saath Sooth Ein Muddeeneae Khoeae Eihu Muddeeaa Kio N Mueiou ||2||	This boy has ruined our weaving business. Why didn't he simply die? ||2||	ਇਸ ਮੂਰਖ ਮੁੰਡੇ ਨੇ ਸੂਤਰ ਆਦਿਕ ਦਾ ਕੰਮ ਹੀ ਛੱਡ ਦਿੱਤਾ ਹੈ। ਇਸ ਨਾਲੋਂ ਤਾਂ ਇਹ ਮਰ ਹੀ ਜਾਂਦਾ ਤਾਂ ਚੰਗਾ ਸੀ ॥੨॥
36463	856	ਸਰਬ ਸੁਖਾ ਕਾ ਏਕੁ ਹਰਿ ਸੁਆਮੀ ਸੋ ਗੁਰਿ ਨਾਮੁ ਦਇਓ॥		Sarab Sukhaa Kaa Eaek Har Suaamee So Gur Naam Dhaeiou ||	O mother, the One Lord, the Lord and Master, is the source of all peace. The Guru has blessed me with His Name.	(ਪਰ ਸੰਸਾਰ ਭਾਵੇਂ ਜੋ ਵੀ ਕਹਿੰਦਾ ਰਹੇ) ਜੋ ਪ੍ਰਭੂ ਸਾਰੇ ਸੁਖ ਦੇਣ ਵਾਲਾ ਹੈ ਉਸ ਦਾ ਨਾਮ (ਮੈਨੂੰ ਕਬੀਰ ਨੂੰ ਮੇਰੇ) ਗੁਰੂ ਨੇ ਬਖ਼ਸ਼ਿਆ ਹੈ।

36464	856	ਸੰਤ ਪ੍ਰਹਲਾਦ ਕੀ ਪੈਜ ਜਿਨਿ ਰਾਖੀ ਹਰਨਾਖਸੁ ਨਖ ਬਿਦਰਿਓ॥੩॥	(ਬਿਦਰਿਓ)ਨਾਸਕੀਤਾ। ਨਖ। ਬਿ-ਦਰਿਓ:ਪੋਲਾ ਬੋਲੋ	Santh Prehalaadh Kee Paij Jin Raakhee Haranaakhas Nakh Bidhariou ||3||	He preserved the honor of Prahlaad, and destroyed Harnaakhash with his nails. ||3||	ਜਿਸ ਪਰਮਾਤਮਾ ਨੇ ਹਰਨਾਖ਼ਸ਼ ਨੂੰ ਨਹੁੰਆਂ ਨਾਲ ਮਾਰ ਕੇ ਆਪਣੇ ਭਗਤ ਪ੍ਰਹਿਲਾਦ ਦੀ ਲਾਜ ਰੱਖੀ ਸੀ ॥੩॥
36465	856	ਘਰ ਕੇ ਦੇਵ ਪਿਤਰ ਕੀ ਛੋਡੀ ਗੁਰ ਕੋ ਸਬਦੁ ਲਇਓ॥		Ghar Kae Dhaev Pithar Kee Shhoddee Gur Ko Sabadh Laeiou ||	I have renounced the gods and ancestors of my house, for the Word of the Guru's Shabad.	ਮੈਂ ਪਿਤਾ-ਪੁਰਖੀ ਛੱਡ ਦਿੱਤੀ ਹੈ, ਮੈਂ ਆਪਣੇ ਘਰ ਵਿਚ ਪੂਜੇ ਜਾਣ ਵਾਲੇ ਦੇਵਤੇ (ਭਾਵ, ਬ੍ਰਹਮਣ) ਛੱਡ ਬੈਠਾ ਹਾਂ। ਹੁਣ ਮੈਂ ਸਤਿਗੁਰੂ ਦਾ ਸ਼ਬਦ ਹੀ ਧਾਰਨ ਕੀਤਾ ਹੈ।
36466	856	ਕਹਤ ਕਬੀਰ ਸਗਲ ਪਾਪ ਖੰਡਨੁ ਸੰਤਹ ਲੈ ਉਧਰਿਓ॥੪॥੪॥	ਉ-ਧਰਿਓ	Kehath Kabeer Sagal Paap Khanddan Santheh Lai Oudhhariou ||4||4||	Says Kabeer, God is the Destroyer of all sins; He is the Saving Grace of His Saints. ||4||4||	ਕਬੀਰ ਆਖਦਾ ਹੈ-ਜੋ ਪ੍ਰਭੂ ਸਾਰੇ ਪਾਪਾਂ ਦਾ ਨਾਸ ਕਰਨ ਵਾਲਾ ਹੈ, ਸਤ-ਸੰਗਤ ਵਿਚ ਉਸ ਦਾ ਨਾਮ ਸਿਮਰ ਕੇ ਮੈਂ (ਸੰਸਾਰ-ਸਾਗਰ ਤੋਂ) ਪਾਰ ਲੰਘ ਗਿਆ ਹਾਂ ॥੪॥੪॥
36467	856	ਬਿਲਾਵਲੁ॥		Bilaaval ||	Bilaaval:	
36468	856	ਕੋਊ ਹਰਿ ਸਮਾਨਿ ਨਹੀ ਰਾਜਾ॥		Kooo Har Samaan Nehee Raajaa ||	There is no king equal to the Lord.	(ਹੇ ਭਾਈ!) ਜਗਤ ਵਿਚ ਕੋਈ ਜੀਵ ਪਰਮਾਤਮਾ ਦੇ ਬਰਾਬਰ ਦਾ ਰਾਜਾ ਨਹੀਂ ਹੈ।

36469	856	ਏ ਭੂਪਤਿ ਸਭ ਦਿਵਸ ਚਾਰਿ ਕੇ ਝੂਠੇ ਕਰਤ ਦਿਵਾਜਾ॥੧॥ਰਹਾਉ ॥	ਦਿਵਾੱਜਾ	Eae Bhoopath Sabh Dhivas Chaar Kae Jhoothae Karath Dhivaajaa ||1|| Rehaao ||	All these lords of the world last for only a few days, putting on their false displays. ||1||Pause||	ਇਹ ਦੁਨੀਆ ਦੇ ਸਭ ਰਾਜੇ ਚਾਰ ਦਿਨਾਂ ਦੇ ਰਾਜੇ ਹੁੰਦੇ ਹਨ, (ਇਹ ਲੋਕ ਆਪਣੇ ਰਾਜ-ਪ੍ਰਤਾਪ ਦੇ) ਝੂਠੇ ਵਿਖਾਵੇ ਕਰਦੇ ਹਨ ॥੧॥ ਰਹਾਉ ॥
36470	856	ਤੇਰੋ ਜਨੁ ਹੋਇ ਸੋਇ ਕਤ ਡੋਲੈ ਤੀਨਿ ਭਵਨ ਪਰ ਛਾਜਾ॥	ਸਭ ਤੋਂ ਸ਼੍ਰੋਮਣੀ(ਛਾਜਾ)ਸਜ ਰਹੇ ਹਨ। ਛੱਾਜਾ	Thaero Jan Hoe Soe Kath Ddolai Theen Bhavan Par Shhaajaa ||	How can Your humble servant waver? You spread Your shadow over the three worlds.	(ਹੇ ਪ੍ਰਭੂ!) ਜੋ ਮਨੁੱਖ ਤੇਰਾ ਦਾਸ ਹੋ ਕੇ ਰਹਿੰਦਾ ਹੈ ਉਹ (ਇਹਨਾਂ ਦੁਨੀਆ ਦੇ ਰਾਜਿਆਂ ਦੇ ਸਾਹਮਣੇ) ਘਾਬਰਦਾ ਨਹੀਂ, (ਕਿਉਂਕਿ, ਹੇ ਪ੍ਰਭੂ! ਤੇਰੇ ਸੇਵਕ ਦਾ ਪ੍ਰਤਾਪ) ਸਾਰੇ ਜਗਤ ਵਿਚ ਛਾਇਆ ਰਹਿੰਦਾ ਹੈ।
36471	856	ਹਾਥੁ ਪਸਾਰਿ ਸਕੈ ਕੋ ਜਨ ਕਉ ਬੋਲਿ ਸਕੈ ਨ ਅੰਦਾਜਾ॥੧॥		Haathh Pasaar Sakai Ko Jan Ko Bol Sakai N Andhaajaa ||1||	Who can raise his hand against Your humble servant? No one can describe the Lord's expanse. ||1||	ਹੱਥ ਚੁੱਕਣਾ ਤਾਂ ਕਿਤੇ ਰਿਹਾ, ਤੇਰੇ ਸੇਵਕ ਦੇ ਸਾਹਮਣੇ ਉਹ ਉੱਚਾ ਬੋਲ ਭੀ ਬੋਲ ਨਹੀਂ ਸਕਦੇ ॥੧॥
36472	856	ਚੇਤਿ ਅਚੇਤ ਮੂੜ ਮਨ ਮੇਰੇ ਬਾਜੇ ਅਨਹਦ ਬਾਜਾ॥		Chaeth Achaeth Moorr Man Maerae Baajae Anehadh Baajaa ||	Remember Him, O my thoughtless and foolish mind, and the unstruck melody of the sound current will resonate and resound.	ਹੇ ਮੇਰੇ ਗ਼ਾਫ਼ਲ ਮਨ! ਤੂੰ ਭੀ ਪ੍ਰਭੂ ਨੂੰ ਸਿਮਰ, (ਤਾਂ ਜੋ ਤੇਰੇ ਅੰਦਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ) ਇੱਕ-ਰਸ ਵਾਜੇ ਵੱਜਣ (ਤੇ, ਤੈਨੂੰ ਦੁਨੀਆ ਦੇ ਰਾਜਿਆਂ ਤੋਂ ਕੋਈ ਘਬਰਾਹਟ ਨਾਹ ਹੋਵੇ)।

36473	856	ਕਹਿ ਕਬੀਰ ਸੰਸਾ ਭ੍ਰਮੁ ਚੂਕੋ ਧ੍ਰੂ ਪ੍ਰਹਿਲਾਦ ਨਿਵਾਜਾ॥੨॥੫॥		Kehi Kabeer Sansaa Bhram Chooko Dhhroo Prehilaadh Nivaajaa ||2||5||	Says Kabeer, my skepticism and doubt have been dispelled; the Lord has exalted me, as He did Dhroo and Prahlaad. ||2||5||	ਕਬੀਰ ਆਖਦਾ ਹੈ-(ਜੋ ਮਨੁੱਖ ਪ੍ਰਭੂ ਨੂੰ ਸਿਮਰਦਾ ਹੈ, ਉਸ ਦਾ) ਸਹਿਮ, ਉਸ ਦੀ ਭਟਕਣਾ ਸਭ ਦੂਰ ਹੋ ਜਾਂਦੇ ਹਨ, ਪ੍ਰਭੂ (ਆਪਣੇ ਸੇਵਕ ਨੂੰ) ਧ੍ਰੂ ਤੇ ਪ੍ਰਹਿਲਾਦ ਵਾਂਗ ਪਾਲਦੋਂ ਹੈ ॥੨॥੫॥
36474	856	ਬਿਲਾਵਲੁ॥		Bilaaval ||	Bilaaval:	
36475	856	ਰਾਖਿ ਲੇਹੁ ਹਮ ਤੇ ਬਿਗਰੀ॥		Raakh Laehu Ham Thae Bigaree ||	Save me! I have disobeyed You.	ਹੇ ਪ੍ਰਭੂ! ਮੇਰੀ ਲਾਜ ਰੱਖ ਲੈ। ਮੈਥੋਂ ਬੜਾ ਮਾੜਾ ਕੰਮ ਹੋਇਆ ਹੈ,
36476	856	ਸੀਲੁ ਧਰਮੁ ਜਪੁ ਭਗਤਿ ਨ ਕੀਨੀ ਹਉ ਅਭਿਮਾਨ ਟੇਢ ਪਗਰੀ॥੧॥ਰਹਾਉ॥	(ਪੱਗਰੀ)ਪੱਗ, ਟੇਢਾ ਰਸਤਾ,ਪਗਰੀ,ਪਕੜਿਆ	Seel Dhharam Jap Bhagath N Keenee Ho Abhimaan Ttaedt Pagaree ||1|| Rehaao ||	I have not practiced humility, righteousness or devotional worship; I am proud and egotistical, and I have taken a crooked path. ||1||Pause||	ਕਿ ਨਾਹ ਮੈਂ ਚੰਗਾ ਸੁਭਾਵ ਬਣਾਇਆ, ਨਾਹ ਮੈਂ ਜੀਵਨ ਦਾ ਫ਼ਰਜ਼ ਕਮਾਇਆ, ਤੇ ਨਾਹ ਤੇਰੀ ਬੰਦਗੀ, ਤੇਰੀ ਭਗਤੀ ਕੀਤੀ। ਮੈਂ ਸਦਾ ਅਹੰਕਾਰ ਕਰਦਾ ਰਿਹਾ, ਤੇ ਵਿੰਗੇ ਰਾਹ ਪਿਆ ਰਿਹਾ ਹਾਂ (ਟੇਢਾ-ਪਨ ਫੜਿਆ ਹੋਇਆ ਹੈ) ॥੧॥ ਰਹਾਉ ॥
36477	856	ਅਮਰ ਜਾਨਿ ਸੰਚੀ ਇਹ ਕਾਇਆ ਇਹ ਮਿਥਿਆ ਕਾਚੀ ਗਗਰੀ॥	ਗਗਰੀ:ਪੋਲਾ ਬੋਲੋ	Amar Jaan Sanchee Eih Kaaeiaa Eih Mithhiaa Kaachee Gagaree ||	Believing this body to be immortal, I pampered it, but it is a fragile and perishable vessel.	ਇਸ ਸਰੀਰ ਨੂੰ ਕਦੇ ਨਾਹ ਮਰਨ ਵਾਲਾ ਸਮਝ ਕੇ ਮੈਂ ਸਦਾ ਇਸ ਨੂੰ ਹੀ ਪਾਲਦਾ ਰਿਹਾ, (ਇਹ ਸੋਚ ਹੀ ਨਾਹ ਫੁਰੀ ਕਿ) ਇਹ ਸਰੀਰ ਤਾਂ ਕੱਚੇ ਘੜੇ ਵਾਂਗ ਨਾਸਵੰਤ ਹੈ।

36478	856	ਜਿਨਹਿ ਨਿਵਾਜਿ ਸਾਜਿ ਹਮ ਕੀਏ ਤਿਸਹਿ ਬਿਸਾਰਿ ਅਵਰ ਲਗਰੀ॥੧॥	ਲੱਗਰੀ	Jinehi Nivaaj Saaj Ham Keeeae Thisehi Bisaar Avar Lagaree ||1||	Forgetting the Lord who formed, fashioned and embellished me, I have become attached to another. ||1||	ਜਿਸ ਪ੍ਰਭੂ ਨੇ ਮਿਹਰ ਕਰ ਕੇ ਮੇਰਾ ਇਹ ਸੁਹਣਾ ਸਰੀਰ ਬਣਾ ਕੇ ਮੈਨੂੰ ਪੈਦਾ ਕੀਤਾ, ਉਸ ਨੂੰ ਵਿਸਾਰ ਕੇ ਮੈਂ ਹੋਰਨੀਂ ਪਾਸੀਂ ਲੱਗਾ ਰਿਹਾ ॥੧॥
36479	856	ਸੰਧਿਕ ਤੋਹਿ ਸਾਧ ਨਹੀ ਕਹੀਅਉ ਸਰਨਿ ਪਰੇ ਤੁਮਰੀ ਪਗਰੀ॥	(ਸੰਧਿਕ)ਚੋਰ। ਪਗਰੀ:ਪੋਲਾ ਬੋਲੋ। ਚਰਨ ਕਮਲਾਂ ਦੀ ਸਰਨਿ	Sandhhik Thohi Saadhh Nehee Keheeao Saran Parae Thumaree Pagaree ||	I am Your thief; I cannot be called holy. I have fallen at Your feet, seeking Your Sanctuary.	(ਹੇ ਪ੍ਰਭੂ!) ਮੈਂ ਤੇਰਾ ਚੋਰ ਹਾਂ, ਮੈਂ ਭਲਾ ਨਹੀਂ ਅਖਵਾ ਸਕਦਾ। ਫਿਰ ਭੀ (ਹੇ ਪ੍ਰਭੂ!) ਮੈਂ ਤੇਰੇ ਚਰਨਾਂ ਦੀ ਸ਼ਰਨ ਆ ਪਿਆ ਹਾਂ;
36480	856	ਕਹਿ ਕਬੀਰ ਇਹ ਬਿਨਤੀ ਸੁਨੀਅਹੁ ਮਤ ਘਾਲਹੁ ਜਮ ਕੀ ਖਬਰੀ॥੨॥੬॥		Kehi Kabeer Eih Binathee Suneeahu Math Ghaalahu Jam Kee Khabaree ||2||6||	Says Kabeer, please listen to this prayer of mine, O Lord; please do not send me sommons of the Messenger of Death. ||2||6||	ਕਬੀਰ ਆਖਦਾ ਹੈ- (ਹੇ ਪ੍ਰਭੂ!) ਮੇਰੀ ਇਹ ਅਰਜ਼ੋਈ ਸੁਣ, ਮੈਨੂੰ ਜਮਾਂ ਦੀ ਸੋਇ ਨਾਹ ਘੱਲੀਂ (ਭਾਵ, ਮੈਨੂੰ ਜਨਮ ਮਰਨ ਦੇ ਗੇੜ ਵਿਚ ਨਾਹ ਪੈਣ ਦੇਈਂ) ॥੨॥੬॥
36481	856	ਬਿਲਾਵਲੁ॥		Bilaaval ||	Bilaaval:	
36482	856	ਦਰ ਮਾਦੇ ਠਾਢੇ ਦਰਬਾਰਿ॥	(ਮਾਦੇ)ਦੁੱਖਾਂ ਦੇ ਮਾਰੇ, ਆਜ਼ਜ਼ੀ ਅਧੀਨਗੀ	Dharamaadhae Thaadtae Dharabaar ||	I stand humbly at Your Court.	ਹੇ ਪ੍ਰਭੂ! ਮੈਂ ਤੇਰੇ ਦਰ ਤੇ ਮੰਗਤਾ ਬਣ ਕੇ ਖੜਾ ਹਾਂ।

36483	856	ਤੁਝ ਬਿਨੁ ਸੁਰਤਿ ਕਰੈ ਕੋ ਮੇਰੀ ਦਰਸਨੁ ਦੀਜੈ ਖੋਲਿ੍ਹ ਕਿਵਾਰ॥੧॥ਰਹਾਉ॥		Thujh Bin Surath Karai Ko Maeree Dharasan Dheejai Kholih Kivaar ||1|| Rehaao ||	Who else can take care of me, other than You? Please open Your door, and grant me the Blessed Vision of Your Darshan. ||1||Pause||	ਭਲਾ ਤੈਥੋਂ ਬਿਨਾ ਹੋਰ ਕੌਣ ਮੇਰੀ ਤਰਫ਼ਦਾਰੀ ਕਰ ਸਕਦਾ ਹੈ? ਹੇ ਦਾਤੇ! ਬੂਹਾ ਖੋਲ੍ਹ ਕੇ ਮੈਨੂੰ ਦੀਦਾਰ ਬਖ਼ਸ਼ ॥੧॥ ਰਹਾਉ ॥
36484	856	ਤੁਮ ਧਨ ਧਨੀ ਉਦਾਰ ਤਿਆਗੀ ਸ੍ਰਵਨਨ੍ ਸੁਨੀਅਤੁ ਸੁਜਸੁ ਤੁਮ੍ਾਰ॥	ਸੁ-ਜਸੁ	Thum Dhhan Dhhanee Oudhaar Thiaagee Sravananh Suneeath Sujas Thumhaar ||	You are the richest of the rich, generous and unattached. With my ears, I listen to Your Praises.	ਤੂੰ ਹੀ (ਜਗਤ ਦੇ ਸਾਰੇ) ਧਨ ਪਦਾਰਥ ਦਾ ਮਾਲਕ ਹੈਂ, ਤੇ ਬੜਾ ਖੁਲ੍ਹੇ ਦਿਲ ਵਾਲਾ ਦਾਨੀ ਹੈਂ। (ਜਗਤ ਵਿਚ) ਤੇਰੀ ਹੀ (ਦਾਨੀ ਹੋਣ ਦੀ) ਮਿੱਠੀ ਸੋਭਾ ਕੰਨੀਂ ਸੁਣੀ ਜਾ ਰਹੀ ਹੈ।
36485	856	ਮਾਗਉ ਕਾਹਿ ਰੰਕ ਸਭ ਦੇਖਉ ਤੁਮ੍ ਹੀ ਤੇ ਮੇਰੋ ਨਿਸਤਾਰੁ॥੧॥		Maago Kaahi Rank Sabh Dhaekho Thumh Hee Thae Maero Nisathaar ||1||	From whom should I beg? I see that all are beggars. My salvation comes only from You. ||1||	ਮੈਂ ਹੋਰ ਕਿਸ ਪਾਸੋਂ ਮੰਗਾਂ? ਮੈਨੂੰ ਤਾਂ ਸਭ ਕੰਗਾਲ ਦਿੱਸ ਰਹੇ ਹਨ। ਮੇਰਾ ਬੇੜਾ ਤੇਰੇ ਰਾਹੀਂ ਹੀ ਪਾਰ ਹੋ ਸਕਦਾ ਹੈ ॥੧॥
36486	856	ਜੈਦੇਉ ਨਾਮਾ ਬਿਪ ਸੁਦਾਮਾ ਤਿਨ ਕਉ ਕ੍ਰਿਪਾ ਭਈ ਹੈ ਅਪਾਰ॥		Jaidhaeo Naamaa Bip Sudhaamaa Thin Ko Kirapaa Bhee Hai Apaar ||	You blessed Jai Dayv, Naam Dayv and Sudaamaa the Brahmin with Your infinite mercy.	ਜੈਦੇਵ, ਨਾਮਦੇਵ, ਸੁਦਾਮਾ ਬ੍ਰਾਹਮਣ-ਇਹਨਾਂ ਉੱਤੇ ਤੇਰੀ ਹੀ ਬੇਅੰਤ ਕਿਰਪਾ ਹੋਈ ਸੀ।

36487	856	ਕਹਿ ਕਬੀਰ ਤੁਮ ਸੰਮ੍ਰਥ ਦਾਤੇ ਚਾਰਿ ਪਦਾਰਥ ਦੇਤ ਨ ਬਾਰ॥੨॥੭॥		Kehi Kabeer Thum Sanmrathh Dhaathae Chaar Padhaarathh Dhaeth N Baar ||2||7||	Says Kabeer, You are the All-powerful Lord, the Great Giver; in an instant, You bestow the four great blessings. ||2||7||	ਕਬੀਰ ਆਖਦਾ ਹੈ-ਤੂੰ ਸਭ ਦਾਤਾਂ ਦੇਣ ਜੋਗਾ ਦਾਤਾਰ ਹੈਂ। ਜੀਵਾਂ ਨੂੰ ਚਾਰੇ ਪਦਾਰਥ ਦੇਂਦਿਆਂ ਤੈਨੂੰ ਰਤਾ ਢਿੱਲ ਨਹੀਂ ਲੱਗਦੀ ॥੨॥੭॥
36488	856	ਬਿਲਾਵਲੁ॥		Bilaaval ||	Bilaaval:	
36489	856	ਡੰਡਾ ਮੁੰਦ੍ਰਾ ਖਿੰਥਾ ਆਧਾਰੀ॥		Ddanddaa Mundhraa Khinthhaa Aadhhaaree ||	He has a walking stick, ear-rings, a patched coat and a begging bowl.	ਹੇ ਜੋਗੀ! ਤੂੰ ਡੰਡਾ, ਮੁੰਦ੍ਰਾ, ਖ਼ਫ਼ਨੀ ਤੇ ਝੋਲੀ
36490	856	ਭ੍ਰਮ ਕੈ ਭਾਇ ਭਵੈ ਭੇਖਧਾਰੀ॥੧॥		Bhram Kai Bhaae Bhavai Bhaekhadhhaaree ||1||	Wearing the robes of a beggar, he wanders around, deluded by doubt. ||1||	ਆਦਿਕ ਦਾ ਧਾਰਮਿਕ ਬਾਣਾ ਪਾ ਕੇ, ਭਟਕਣਾ ਵਿਚ ਪੈ ਕੇ ਕੁਰਾਹੇ ਪੈ ਗਿਆ ਹੈਂ ॥੧॥
36491	857	ਆਸਨੁ ਪਵਨ ਦੂਰਿ ਕਰਿ ਬਵਰੇ॥		Aasan Pavan Dhoor Kar Bavarae ||	Abandon your Yogic postures and breath control exercises, O madman.	ਹੇ ਝੱਲੇ ਜੋਗੀ! ਜੋਗ-ਅੱਭਿਆਸ ਤੇ ਪ੍ਰਾਣਾਯਾਮ ਨੂੰ ਤਿਆਗ।
36492	857	ਛੋਡਿ ਕਪਟੁ ਨਿਤ ਹਰਿ ਭਜੁ ਬਵਰੇ॥੧॥ਰਹਾਉ॥	ਭਜੁ:ਪੋਲਾ ਬੋਲੋ	Shhodd Kapatt Nith Har Bhaj Bavarae ||1|| Rehaao ||	Renounce fraud and deception, and meditate continuously on the Lord, O madman. ||1||Pause||	ਹੇ ਝੱਲੇ ਜੋਗੀ! ਇਸ ਪਖੰਡ ਨੂੰ ਛੱਡ, ਤੇ ਸਦਾ ਪ੍ਰਭੂ ਦੀ ਬੰਦਗੀ ਕਰ ॥੧॥ ਰਹਾਉ ॥

36493	857	ਜਿਹ ਤੂ ਜਾਚਹਿ ਸੋ ਤ੍ਰਿਭਵਨ ਭੋਗੀ॥		Jih Thoo Jaachehi So Thribhavan Bhogee ||	That which you beg for, has been enjoyed in the three worlds.	(ਜੋਗ-ਅੱਭਿਆਸ ਤੇ ਪ੍ਰਾਣਾਯਾਮ ਦੇ ਨਾਟਕ-ਚੇਟਕ ਵਿਖਾ ਕੇ) ਜਿਹੜੀ ਮਾਇਆ ਤੂੰ ਮੰਗਦਾ ਫਿਰਦਾ ਹੈਂ, ਉਸ ਨੂੰ ਤਾਂ ਸਾਰੇ ਜਗਤ ਦੇ ਜੀਵ ਭੋਗ ਰਹੇ ਹਨ।
36494	857	ਕਹਿ ਕਬੀਰ ਕੇਸੌ ਜਗਿ ਜੋਗੀ॥੨॥੮॥	ਜੱਗਿ	Kehi Kabeer Kaesa Jag Jogee ||2||8||	Says Kabeer, the Lord is the only Yogi in the world. ||2||8||	ਕਬੀਰ ਆਖਦਾ ਹੈ-ਹੇ ਜੋਗੀ! ਜਗਤ ਵਿਚ ਮੰਗਣ-ਜੋਗ ਇਕ ਪ੍ਰਭੂ ਦਾ ਨਾਮ ਹੀ ਹੈ ॥੨॥੮॥
36495	857	ਬਿਲਾਵਲੁ॥		Bilaaval ||	Bilaaval:	
36496	857	ਇਨਿ ਮਾਇਆ ਜਗਦੀਸ ਗੁਸਾਈ ਤੁਮ੍ਰੇ ਚਰਨ ਬਿਸਾਰੇ॥	ਜੱਗਦੀਸ। ਗੁਸਾਂਈਂ	Einih Maaeiaa Jagadhees Gusaaee Thumharae Charan Bisaarae ||	This Maya has made me forget Your feet, O Lord of the World, Master of the Universe.	ਹੇ ਜਗਤ ਦੇ ਮਾਲਕ! ਹੇ ਜਗਤ ਦੇ ਖਸਮ! (ਤੇਰੀ ਪੈਦਾ ਕੀਤੀ ਹੋਈ) ਇਸ ਮਾਇਆ ਨੇ (ਅਸਾਂ ਜੀਵਾਂ ਦੇ ਦਿਲਾਂ ਵਿਚੋਂ) ਤੇਰੇ ਚਰਨਾਂ ਦੀ ਯਾਦ ਭੁਲਾ ਦਿੱਤੀ ਹੈ।
36497	857	ਕਿੰਚਤ ਪ੍ਰੀਤਿ ਨ ਉਪਜੈ ਜਨ ਕਉ ਜਨ ਕਹਾ ਕਰਹਿ ਬੇਚਾਰੇ॥੧॥ਰਹਾਉ॥		Kinchath Preeth N Oupajai Jan Ko Jan Kehaa Karehi Baechaarae ||1|| Rehaao ||	Not even a bit of love wells up in Your humble servant; what can Your poor servant do? ||1||Pause||	ਜੀਵ ਵਿਚਾਰੇ ਕੀਹ ਕਰਨ? (ਇਸ ਮਾਇਆ ਦੇ ਕਾਰਨ) ਜੀਵਾਂ ਦੇ ਅੰਦਰ (ਤੇਰੇ ਚਰਨਾਂ ਦਾ) ਰਤਾ ਭੀ ਪਿਆਰ ਪੈਦਾ ਨਹੀਂ ਹੁੰਦਾ ਹੈ ॥੧॥ ਰਹਾਉ ॥

36498	857	ਧ੍ਰਿਗੁ ਤਨੁ ਧ੍ਰਿਗੁ ਧਨੁ ਧ੍ਰਿਗੁ ਇਹ ਮਾਇਆ ਧ੍ਰਿਗੁ ਧ੍ਰਿਗੁ ਮਤਿ ਬੁਧਿ ਫੰਨੀ॥		Dhhrig Than Dhhrig Dhhan Dhhrig Eih Maaeiaa Dhhrig Dhhrig Math Budhh Fannee ||	Cursed is the body, cursed is the wealth, and cursed is this Maya; cursed, cursed is the clever intellect and understanding.	ਲਾਹਨਤ ਹੈ ਇਸ ਸਰੀਰ ਤੇ ਧਨ-ਪਦਾਰਥ ਨੂੰ; ਫਿਟਕਾਰ-ਜੋਗ ਹੈ (ਮਨੁੱਖਾਂ ਦੀ ਇਹ) ਅਕਲ, ਜੋ (ਧਨ-ਪਦਾਰਥ ਦੀ ਖ਼ਾਤਰ) ਹੋਰਨਾਂ ਨੂੰ ਧੋਖਾ ਦੇਂਦੀ ਹੈ।
36499	857	ਇਸ ਮਾਇਆ ਕਉ ਦ੍ਰਿੜੁ ਕਰਿ ਰਾਖਹੁ ਬਾਂਧੇ ਆਪ ਬਚੰਨੀ॥੧॥	ਬ-ਚੰਨੀ	Eis Maaeiaa Ko Dhrirr Kar Raakhahu Baandhhae Aap Bachannee ||1||	Restrain and hold back this Maya; overcome it, through the Word of the Guru's Teachings. ||1||	ਹੇ ਜਗਦੀਸ਼! ਤੇਰੇ ਹੁਕਮ-ਅਨੁਸਾਰ ਹੀ ਇਹ ਮਾਇਆ ਜੀਵਾਂ ਨੂੰ ਆਪਣੇ ਮੋਹ ਵਿਚ ਬੰਨ੍ਹ ਰਹੀ ਹੈ। ਸੋ, ਤੂੰ ਆਪ ਹੀ ਇਸ ਨੂੰ ਚੰਗੀ ਤਰ੍ਹਾਂ ਆਪਣੇ ਕਾਬੂ ਵਿਚ ਰੱਖ ॥੧॥
36500	857	ਕਿਆ ਖੇਤੀ ਕਿਆ ਲੇਵਾ ਦੇਈ ਪਰਪੰਚ ਝੂਠੁ ਗੁਮਾਨਾ॥		Kiaa Khaethee Kiaa Laevaa Dhaeee Parapanch Jhooth Gumaanaa ||	What good is farming, and what good is trading? Worldly entanglements and pride are false.	ਕੀਹ ਖੇਤੀ ਤੇ ਕੀਹ ਵਪਾਰ? ਜਗਤ ਦੇ ਇਸ ਪਸਾਰੇ ਦਾ ਮਾਣ ਕੂੜਾ ਹੈ,
36501	857	ਕਹਿ ਕਬੀਰ ਤੇ ਅੰਤਿ ਬਿਗੂਤੇ ਆਇਆ ਕਾਲੁ ਨਿਦਾਨਾ॥੨॥੯॥		Kehi Kabeer Thae Anth Bigoothae Aaeiaa Kaal Nidhaanaa ||2||9||	Says Kabeer, in the end, they are ruined; ultimately, Death will come for them. ||2||9||	ਕਿਉਂਕਿ ਜਦੋਂ ਓੜਕ ਨੂੰ ਮੌਤ ਆਉਂਦੀ ਹੈ, ਤਾਂ ਕਬੀਰ ਆਖਦਾ ਹੈ- (ਇਸ ਪਸਾਰੇ ਦੇ ਮੋਹ-ਮਾਣ ਵਿਚ ਫਸੇ ਹੋਏ) ਜੀਵ ਆਖ਼ਰ ਹਾਹੁਕੇ ਲੈਂਦੇ ਹਨ ॥੨॥੯॥
36502	857	ਬਿਲਾਵਲੁ॥		Bilaaval ||	Bilaaval:	

36503	857	ਸਰੀਰ ਸਰੋਵਰ ਭੀਤਰੇ ਆਛੈ ਕਮਲ ਅਨੂਪ॥		Sareer Sarovar Bheetharae Aashhai Kamal Anoop ||	Within the pool of the body, there is an incomparably beautiful lotus flower.	ਹੇ ਮਨ! ਉਹ ਪ੍ਰਭੂ ਇਸ ਸਰੀਰ-ਰੂਪ ਸੁਹਣੇ ਸਰ ਦੇ ਅੰਦਰ ਹੀ ਹੈ, ਉਸੇ ਦੀ ਬਰਕਤ ਨਾਲ ਹਿਰਦਾ-ਰੂਪ ਕੌਲ ਫੁੱਲ ਸੁਹਣਾ ਖਿੜਿਆ ਰਹਿੰਦਾ ਹੈ,
36504	857	ਪਰਮ ਜੋਤਿ ਪੁਰਖੋਤਮੋ ਜਾ ਕੈ ਰੇਖ ਨ ਰੂਪ॥੧॥		Param Joth Purakhothamo Jaa Kai Raekh N Roop ||1||	Within it, is the Supreme Light, the Supreme Soul, who has no feature or form. ||1||	ਜਿਸ ਉੱਤਮ ਪੁਰਖ ਪ੍ਰਭੂ ਦੀ ਪਰਮ ਜੋਤ ਦਾ ਰੂਪ-ਰੇਖ ਨਹੀਂ ਦੱਸਿਆ ਜਾ ਸਕਦਾ ॥੧॥
36505	857	ਰੇ ਮਨ ਹਰਿ ਭਜੁ ਭ੍ਰਮੁ ਤਜਹੁ ਜਗਜੀਵਨ ਰਾਮ॥੧॥ਰਹਾਉ॥	ਭੱਜੁ।ਜੱਗਜੀਵਨ	Rae Man Har Bhaj Bhram Thajahu Jagajeevan Raam ||1|| Rehaao ||	O my mind, vibrate, meditate on the Lord, and forsake your doubt. The Lord is the Life of the World. ||1||Pause||	ਹੇ ਮੇਰੇ ਮਨ! (ਮਾਇਆ ਦੇ ਪਿੱਛੇ) ਭਟਕਣਾ ਛੱਡ ਦੇਹ, ਤੇ ਉਸ ਪਰਮਾਤਮਾ ਦਾ ਭਜਨ ਕਰ, ਜੋ ਸਾਰੇ ਜਗਤ ਦਾ ਆਸਰਾ ਹੈ ॥੧॥ ਰਹਾਉ ॥
36506	857	ਆਵਤ ਕਛੂ ਨ ਦੀਸਈ ਨਹ ਦੀਸੈ ਜਾਤ॥	ਦੀ-ਸਈ	Aavath Kashhoo N Dheesee Neh Dheesai Jaath ||	Nothing is seen coming into the world, and nothing is seen leaving it.	ਉਹ ਰੱਬੀ-ਜੋਤ ਨਾਹ ਕਦੇ ਜੰਮਦੀ ਹੈ, ਤੇ ਨਾਹ ਮਰਦੀ ਦਿੱਸਦੀ ਹੈ।
36507	857	ਜਹ ਉਪਜੈ ਬਿਨਸੈ ਤਹੀ ਜੈਸੇ ਪੁਰਿਵਨ ਪਾਤ॥੨॥	(ਪੁਰਿਵਨ)ਚੁਪੱਤੀ। ਪੁਰਿ-ਵਨ	Jeh Oupajai Binasai Thehee Jaisae Purivan Paath ||2||	Where the body is born, there it dies, like the leaves of the water-lily. ||2||	ਪਰ ਇਹ ਮਾਇਆ ਦੀ ਖੇਡ ਚੁਪੱਤੀ ਦੇ ਪੱਤਿਆਂ ਵਾਂਗ ਉਸੇ (ਪ੍ਰਭੂ ਵਿਚੋਂ) ਪੈਦਾ ਹੁੰਦੀ ਹੈ ਤੇ ਉਸੇ ਵਿਚ ਲੀਨ ਹੋ ਜਾਂਦੀ ਹੈ ॥੨॥

36508	857	ਮਿਥਿਆ ਕਰਿ ਮਾਇਆ ਤਜੀ ਸੁਖ ਸਹਜ ਬੀਚਾਰਿ॥		Mithhiaa Kar Maaeiaa Thajee Sukh Sehaj Beechaar ||	Maya is false and transitory; forsaking it, one obtains peaceful, celestial contemplation.	ਸਹਿਜ ਅਵਸਥਾ ਦੇ ਸੁਖ ਦੀ ਵਿਚਾਰ ਕਰ ਕੇ (ਭਾਵ, ਇਹ ਸਮਝ ਕੇ ਕਿ ਮਾਇਆ ਦਾ ਮੋਹ ਛੱਡਿਆਂ, ਮਾਇਆ ਵਿਚ ਡੋਲਣੋਂ ਹਟ ਕੇ, ਸੁਖ ਬਣ ਜਾਇਗਾ, ਕਬੀਰ ਨੇ) ਇਸ ਮਾਇਆ ਨੂੰ ਨਾਸਵੰਤ ਜਾਣ ਕੇ (ਇਸ ਦਾ ਮੋਹ) ਛੱਡ ਦਿੱਤਾ ਹੈ,
36509	857	ਕਹਿ ਕਬੀਰ ਸੇਵਾ ਕਰਹੁ ਮਨ ਮੰਝਿ ਮੁਰਾਰਿ॥੩॥੧੦॥		Kehi Kabeer Saevaa Karahu Man Manjh Muraar ||3||10||	Says Kabeer, serve Him within your mind; He is the Enemy of ego, the Destroyer of demons. ||3||10||	ਤੇ ਹੁਣ ਕਬੀਰ ਆਖਦਾ ਹੈ-ਹੇ ਮਨ! ਆਪਣੇ ਅੰਦਰ ਹੀ (ਟਿਕ ਕੇ) ਪਰਮਾਤਮਾ ਦਾ ਸਿਮਰਨ ਕਰ ॥੩॥੧੦॥
36510	857	ਬਿਲਾਵਲੁ॥		Bilaaval ||	Bilaaval:	
36511	857	ਜਨਮ ਮਰਨ ਕਾ ਭ੍ਰਮੁ ਗਇਆ ਗੋਬਿਦ ਲਿਵ ਲਾਗੀ॥		Janam Maran Kaa Bhram Gaeiaa Gobidh Liv Laagee ||	The illusion of birth and death is gone; I lovingly focus on the Lord of the Universe.	(ਮੇਰੇ ਅੰਦਰ) ਸਤਿਗੁਰੂ ਦੀ ਸਿੱਖਿਆ ਨਾਲ ਐਸੀ ਬੁੱਧ ਜਾਗ ਪਈ ਹੈ ਕਿ ਮੇਰੀ ਜਨਮ-ਮਰਨ ਦੀ ਭਟਕਣਾ ਮੁੱਕ ਗਈ ਹੈ,
36512	857	ਜੀਵਤ ਸੁੰਨਿ ਸਮਾਨਿਆ ਗੁਰ ਸਾਖੀ ਜਾਗੀ॥੧॥ਰਹਾਉ॥		Jeevath Sunn Samaaniaa Gur Saakhee Jaagee ||1|| Rehaao ||	In my life, I am absorbed in deep silent meditation; the Guru's Teachings have awakened me. ||1||Pause||	ਪ੍ਰਭੂ-ਚਰਨਾਂ ਵਿਚ ਮੇਰੀ ਸੁਰਤ ਜੁੜ ਗਈ ਹੈ, ਤੇ ਮੈਂ ਜਗਤ ਵਿਚ ਵਿਚਰਦਾ ਹੋਇਆ ਹੀ ਉਸ ਹਾਲਤ ਵਿਚ ਟਿਕਿਆ ਰਹਿੰਦਾ ਹਾਂ ਜਿੱਥੇ ਮਾਇਆ ਦੇ ਫੁਰਨੇ ਨਹੀਂ ਉਠਦੇ ॥੧॥ ਰਹਾਉ ॥

36513	857	ਕਾਸੀ ਤੇ ਧੁਨਿ ਊਪਜੈ ਧੁਨਿ ਕਾਸੀ ਜਾਈ॥	ਕਾਂਸੀ	Kaasee Thae Dhhun Oopajai Dhhun Kaasee Jaaee ||	The sound made from bronze, that sound goes into the bronze again.	ਹੇ ਪੰਡਿਤ! ਜਿਵੇਂ ਕੈਂਹ ਦੇ ਭਾਂਡੇ ਨੂੰ ਠਣਕਾਇਆਂ ਉਸ ਵਿਚੋਂ ਅਵਾਜ਼ ਨਿਕਲਦੀ ਹੈ, ਜੇ (ਠਣਕਾਣਾ) ਛੱਡ ਦੇਈਏ ਤਾਂ ਉਹ ਅਵਾਜ਼ ਕੈਂਹ ਵਿਚ ਹੀ ਮੁੱਕ ਜਾਂਦੀ ਹੈ, ਤਿਵੇਂ ਇਸ ਸਰੀਰਕ ਮੋਹ ਦਾ ਹਾਲ ਹੈ।
36514	857	ਕਾਸੀ ਫੂਟੀ ਪੰਡਿਤਾ ਧੁਨਿ ਕਹਾਂ ਸਮਾਈ॥੧॥		Kaasee Foottee Panddithaa Dhhun Kehaan Samaaee ||1||	But when the bronze is broken, O Pandit, O religious scholar, where does the sound go then? ||1||	ਹੇ ਪੰਡਿਤ! (ਜਦੋਂ ਦੀ ਬੁੱਧ ਜਾਗੀ ਹੈ) ਮੇਰਾ ਸਰੀਰ ਨਾਲੋਂ ਮੋਹ ਮਿਟ ਗਿਆ ਹੈ (ਮੇਰਾ ਇਹ ਮਾਇਕ ਪਦਾਰਥਾਂ ਨਾਲ ਠਟਕਣ ਵਾਲਾ ਭਾਂਡਾ ਭੱਜ ਗਿਆ ਹੈ), ਹੁਣ ਪਤਾ ਹੀ ਨਹੀਂ ਕਿ ਉਹ ਤ੍ਰਿਸ਼ਨਾ ਦੀ ਅਵਾਜ਼ ਕਿੱਥੇ ਜਾ ਗੁੰਮ ਹੋਈ ਹੈ ॥੧॥
36515	857	ਤ੍ਰਿਕੁਟੀ ਸੰਧਿ ਮੈ ਪੇਖਿਆ ਘਟ ਹੂ ਘਟ ਜਾਗੀ॥		Thrikuttee Sandhh Mai Paekhiaa Ghatt Hoo Ghatt Jaagee ||	I gaze upon the world, the confluence of the three qualities; God is awake and aware in each and every heart.	(ਸਤਿਗੁਰੂ ਦੀ ਸਿੱਖਿਆ ਨਾਲ ਬੁੱਧ ਜਾਗਣ ਤੇ) ਮੈਂ ਅੰਦਰਲੀ ਖਿੱਝ ਦੂਰ ਕਰ ਲਈ ਹੈ, ਹੁਣ ਮੈਨੂੰ ਹਰੇਕ ਘਟ ਵਿਚ ਪ੍ਰਭੂ ਦੀ ਜੋਤ ਜਗਦੀ ਦਿੱਸ ਰਹੀ ਹੈ;

36516	857	ਐਸੀ ਬੁਧਿ ਸਮਾਚਰੀ ਘਟ ਮਾਹਿ ਤਿਆਗੀ॥੨॥	(ਸਮਾਚਰੀ)ਪੈਦਾ ਹੋਈ	Aisee Budhh Samaacharee Ghatt Maahi Thiaagee ||2||	Such is the understanding revealed to me; within my heart, I have become a detached renunciate. ||2||	ਮੇਰੇ ਅੰਦਰ ਐਸੀ ਮੱਤ ਪੈਦਾ ਹੋ ਗਈ ਹੈ ਕਿ ਮੈਂ ਅੰਦਰੋਂ ਵਿਰਕਤ ਹੋ ਗਿਆ ਹਾਂ ॥੨॥
36517	857	ਆਪੁ ਆਪ ਤੇ ਜਾਨਿਆ ਤੇਜ ਤੇਜੁ ਸਮਾਨਾ॥		Aap Aap Thae Jaaniaa Thaej Thaej Samaanaa ||	I have come to know my own self, and my light has merged in the Light.	ਹੁਣ ਅੰਦਰੋਂ ਹੀ ਮੈਨੂੰ ਆਪੇ ਦੀ ਸੂਝ ਪੈ ਗਈ ਹੈ, ਮੇਰੀ ਜੋਤ ਰੱਬੀ-ਜੋਤ ਵਿਚ ਰਲ ਗਈ ਹੈ।
36518	857	ਕਹੁ ਕਬੀਰ ਅਬ ਜਾਨਿਆ ਗੋਬਿਦ ਮਨੁ ਮਾਨਾ॥੩॥੧੧॥		Kahu Kabeer Ab Jaaniaa Gobidh Man Maanaa ||3||11||	Says Kabeer, now I know the Lord of the Universe, and my mind is satisfied. ||3||11||	ਕਬੀਰ ਆਖਦਾ ਹੈ- ਹੁਣ ਮੈਂ ਗੋਬਿੰਦ ਨਾਲ ਜਾਣ-ਪਛਾਣ ਪਾ ਲਈ ਹੈ, ਮੇਰਾ ਮਨ ਗੋਬਿੰਦ ਨਾਲ ਗਿੱਝ ਗਿਆ ਹੈ ॥੩॥੧੧॥
36519	857	ਬਿਲਾਵਲੁ॥		Bilaaval ||	Bilaaval:	
36520	857	ਚਰਨਕਮਲ ਜਾ ਕੈ ਰਿਦੈ ਬਸਹਿ ਸੋ ਜਨੁ ਕਿਉ ਡੋਲੈ ਦੇਵ॥		Charan Kamal Jaa Kai Ridhai Basehi So Jan Kio Ddolai Dhaev ||	When Your Lotus Feet dwell within one's heart, why should that person waver, O Divine Lord?	ਹੇ ਦੇਵ! ਜਿਸ ਮਨੁੱਖ ਦੇ ਹਿਰਦੇ ਵਿਚ ਤੇਰੇ ਸੁਹਣੇ ਚਰਨ ਵੱਸਦੇ ਹਨ, ਉਹ ਮਾਇਆ ਦੇ ਹੱਥਾਂ ਤੇ ਨਹੀਂ ਨੱਚਦਾ।

36521	857	ਮਾਨੌ ਸਭ ਸੁਖ ਨਉ ਨਿਧਿ ਤਾ ਕੈ ਸਹਜਿ ਸਹਜਿ ਜਸੁ ਬੋਲੈ ਦੇਵ॥ਰਹਾਉ॥		Maana Sabh Sukh No Nidhh Thaa Kai Sehaj Sehaj Jas Bolai Dhaev || Rehaao ||	I know that all comforts, and the nine treasures, come to one who intuitively, naturally, chants the Praise of the Divine Lord. ||Pause||	ਉਹ ਅਡੋਲ ਅਵਸਥਾ ਵਿਚ ਟਿਕਿਆ ਰਹਿ ਕੇ ਤੇਰੀ ਸਿਫ਼ਤਿ-ਸਲਾਹ ਕਰਦਾ ਹੈ। ਉਸ ਦੇ ਅੰਦਰ, ਮਾਨੋ, ਸਾਰੇ ਸੁਖ ਤੇ ਜਗਤ ਦੇ ਨੌ ਹੀ ਖ਼ਜ਼ਾਨੇ ਆ ਜਾਂਦੇ ਹਨ ਰਹਾਉ॥
36522	857	ਤਬ ਇਹ ਮਤਿ ਜਉ ਸਭ ਮਹਿ ਪੇਖੈ ਕੁਟਿਲ ਗਾਂਠਿ ਜਬ ਖੋਲੈ ਦੇਵ॥		Thab Eih Math Jo Sabh Mehi Paekhai Kuttil Gaanth Jab Kholai Dhaev ||	Such wisdom comes, only when one sees the Lord in all, and unties the knot of hypocrisy.	(ਸਿਮਰਨ ਦੀ ਬਰਕਤ ਨਾਲ) ਜਦੋਂ ਮਨੁੱਖ ਆਪਣੇ ਅੰਦਰੋਂ ਵਿੰਗੀ-ਟੇਢੀ ਘੁੰਡੀ (ਭਾਵ, ਖੋਟ) ਕੱਢਦਾ ਹੈ, ਤਾਂ ਉਸ ਦੇ ਅੰਦਰ ਇਹ ਮੱਤ ਉਪਜਦੀ ਹੈ ਕਿ ਉਸ ਨੂੰ ਹਰ ਥਾਂ ਪ੍ਰਭੂ ਹੀ ਦਿੱਸਦਾ ਹੈ।
36523	857	ਬਾਰੰ ਬਾਰ ਮਾਇਆ ਤੇ ਅਟਕੈ ਲੈ ਨਰਜਾ ਮਨੁ ਤੋਲੈ ਦੇਵ॥੧॥	(ਨਰਜਾ)ਤੱਕੜੀ	Baaran Baar Maaeiaa Thae Attakai Lai Narajaa Man Tholai Dhaev ||1||	Time and time again, he must hold himself back from Maya; let him take the scale of the Lord, and weigh his mind. ||1||	ਉਹ ਮਨੁੱਖ ਮੁੜ ਮੁੜ ਆਪਣੇ ਮਨ ਨੂੰ ਮਾਇਆ ਵਲੋਂ ਰੋਕਦਾ ਹੈ, ਤੇ ਤੱਕੜੀ ਲੈ ਕੇ ਤੋਲਦਾ ਰਹਿੰਦਾ ਹੈ (ਭਾਵ, ਮਨ ਦੇ ਔਗੁਣਾਂ ਨੂੰ ਪੜਤਾਲਦਾ ਰਹਿੰਦਾ ਹੈ) ॥੧॥
36524	857	ਜਹ ਉਹੁ ਜਾਇ ਤਹੀ ਸੁਖੁ ਪਾਵੈ ਮਾਇਆ ਤਾਸੁ ਨ ਝੋਲੈ ਦੇਵ॥		Jeh Ouhu Jaae Thehee Sukh Paavai Maaeiaa Thaas N Jholai Dhaev ||	Then wherever he goes, he will find peace, and Maya will not shake him.	ਜਿੱਥੇ ਭੀ ਉਹ ਮਨੁੱਖ ਜਾਂਦਾ ਹੈ, ਉੱਥੇ ਹੀ ਸੁਖ ਪਾਂਦਾ ਹੈ, ਉਸ ਨੂੰ ਮਾਇਆ ਭਰਮਾਂਦੀ ਨਹੀਂ।

36525	857	ਕਹਿ ਕਬੀਰ ਮੇਰਾ ਮਨੁ ਮਾਨਿਆ ਰਾਮ ਪ੍ਰੀਤਿ ਕੀਓ ਲੈ ਦੇਵ॥੨॥੧੨॥	(ਦੇਵ)ਪ੍ਰਕਾਸ਼ ਸਰੂਪ ਵਾਹਿਗੁਰੂ ਦੀ ਪ੍ਰੀਤੀ ਚ ਲੈ ਲੀਨ ਕਰ ਦਿੱਤਾ	Kehi Kabeer Maeraa Man Maaniaa Raam Preeth Keeou Lai Dhaev ||2||12||	Says Kabeer, my mind believes in the Lord; I am absorbed in the Love of the Divine Lord. ||2||12||	ਕਬੀਰ ਆਖਦਾ ਹੈ-ਮੈਂ ਭੀ ਆਪਣੇ ਮਨ ਨੂੰ ਪ੍ਰਭੂ ਦੀ ਪ੍ਰੀਤ ਵਿਚ ਲੀਨ ਕਰ ਦਿੱਤਾ ਹੈ, ਹੁਣ ਇਹ ਮੇਰਾ ਮਨ ਪ੍ਰਭੂ ਨਾਲ ਪਤੀਜ ਗਿਆ ਹੈ ॥੨॥੧੨॥
36526	857	ਬਿਲਾਵਲੁ ਬਾਣੀ ਭਗਤ ਨਾਮਦੇਵ ਜੀ ਕੀ		Bilaaval Baanee Bhagath Naamadhaev Jee Kee	Bilaaval, The Word Of Devotee Naam Dayv Jee:	ਰਾਗ ਬਿਲਾਵਲੁ ਵਿੱਚ ਭਗਤ ਨਾਮਦੇਵ ਜੀ ਦੀ ਬਾਣੀ।
36527	857	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
36528	857	ਸਫਲ ਜਨਮੁ ਮੋਕਉ ਗੁਰ ਕੀਨਾ॥		Safal Janam Mo Ko Gur Keenaa ||	The Guru has made my life fruitful.	ਮੈਨੂੰ ਮੇਰੇ ਸਤਿਗੁਰੂ ਨੇ ਸਫਲ ਜੀਵਨ ਵਾਲਾ ਬਣਾ ਦਿੱਤਾ ਹੈ।
36529	858	ਦੁਖ ਬਿਸਾਰਿ ਸੁਖ ਅੰਤਰਿ ਲੀਨਾ॥੧॥		Dhukh Bisaar Sukh Anthar Leenaa ||1||	My pain is forgotten, and I have found peace deep within myself. ||1||	ਮੈਂ ਹੁਣ (ਜਗਤ ਦੇ ਸਾਰੇ) ਦੁੱਖ ਭੁਲਾ ਕੇ (ਆਤਮਕ) ਸੁਖ ਵਿਚ ਲੀਨ ਹੋ ਗਿਆ ਹਾਂ ॥੧॥
36530	858	ਗਿਆਨ ਅੰਜਨੁ ਮੋਕਉ ਗੁਰਿ ਦੀਨਾ॥		Giaan Anjan Mo Ko Gur Dheenaa ||	The Guru has blessed me with the ointment of spiritual wisdom.	ਮੈਨੂੰ ਸਤਿਗੁਰੂ ਨੇ ਆਪਣੇ ਗਿਆਨ ਦਾ (ਐਸਾ) ਸੁਰਮਾ ਦਿੱਤਾ ਹੈ,

36531	858	ਰਾਮ ਨਾਮ ਬਿਨੁ ਜੀਵਨੁ ਮਨ ਹੀਨਾ॥੧॥ਰਹਾਉ॥		Raam Naam Bin Jeevan Man Heenaa ||1|| Rehaao ||	Without the Lord's Name, life is mindless. ||1||Pause||	ਕਿ ਹੇ ਮਨ! ਹੁਣ ਪ੍ਰਭੂ ਦੀ ਬੰਦਗੀ ਤੋਂ ਬਿਨਾ ਜੀਊਣਾ ਵਿਅਰਥ ਜਾਪਦਾ ਹੈ ॥੧॥ ਰਹਾਉ ॥
36532	858	ਨਾਮਦੇਇ ਸਿਮਰਨੁ ਕਰਿ ਜਾਨਾਂ॥		Naamadhaee Simaran Kar Jaanaan ||	Meditating in remembrance, Naam Dayv has come to know the Lord.	ਮੈਂ ਨਾਮਦੇਵ ਨੇ ਪ੍ਰਭੂ ਦਾ ਭਜਨ ਕਰ ਕੇ ਪ੍ਰਭੂ ਨਾਲ ਸਾਂਝ ਪਾ ਲਈ ਹੈ,
36533	858	ਜਗਜੀਵਨ ਸਿਉ ਜੀਉ ਸਮਾਨਾਂ॥੨॥੧॥		Jagajeevan Sio Jeeo Samaanaan ||2||1||	His soul is blended with the Lord, the Life of the World. ||2||1||	ਤੇ ਜਗਤ-ਦੇ-ਆਸਰੇ ਪ੍ਰਭੂ ਵਿਚ ਮੇਰੀ ਜਿੰਦ ਲੀਨ ਹੋ ਗਈ ਹੈ ॥੨॥੧॥
36534	858	ਬਿਲਾਵਲੁ ਬਾਣੀ ਰਵਿਦਾਸ ਭਗਤ ਕੀ		Bilaaval Baanee Ravidhaas Bhagath Kee	Bilaaval, The Word Of Devotee Ravi Daas:	ਰਾਗ ਬਿਲਾਵਲੁ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ।
36535	858	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
36536	858	ਦਾਰਿਦੁ ਦੇਖਿ ਸਭ ਕੋ ਹਸੈ ਐਸੀ ਦਸਾ ਹਮਾਰੀ॥	ਹੱਸੈ	Dhaaridh Dhaekh Sabh Ko Hasai Aisee Dhasaa Hamaaree ||	Seeing my poverty, everyone laughed. Such was my condition.	ਹਰੇਕ ਬੰਦਾ (ਕਿਸੇ ਦੀ) ਗ਼ਰੀਬੀ ਵੇਖ ਕੇ ਮਖ਼ੌਲ ਕਰਦਾ ਹੈ, (ਤੇ) ਇਹੋ ਜਿਹੀ ਹਾਲਤ ਹੀ ਮੇਰੀ ਭੀ ਸੀ (ਕਿ ਲੋਕ ਮੇਰੀ ਗ਼ਰੀਬੀ ਤੇ ਠੱਠੇ ਕਰਿਆ ਕਰਦੇ ਸਨ),

36537	858	ਅਸਟ ਦਸਾ ਸਿਧਿ ਕਰ ਤਲੈ ਸਭ ਕ੍ਰਿਪਾ ਤੁਮਾਰੀ॥੧॥	ਤਲ:ਪੋਲਾ ਬੋਲੋ	Asatt Dhasaa Sidhh Kar Thalai Sabh Kirapaa Thumaaree ||1||	Now, I hold the eighteen miraculous spiritual powers in the palm of my hand; everything is by Your Grace. ||1||	ਪਰ ਹੁਣ ਅਠਾਰਾਂ ਸਿੱਧੀਆਂ ਮੇਰੇ ਹੱਥ ਦੀ ਤਲੀ ਉੱਤੇ (ਨੱਚਦੀਆਂ) ਹਨ; ਹੇ ਪ੍ਰਭੂ! ਇਹ ਸਾਰੀ ਤੇਰੀ ਹੀ ਮਿਹਰ ਹੈ ॥੧॥
36538	858	ਤੂ ਜਾਨਤ ਮੈ ਕਿਛੁ ਨਹੀ ਭਵ ਖੰਡਨ ਰਾਮ॥		Thoo Jaanath Mai Kishh Nehee Bhav Khanddan Raam ||	You know, and I am nothing, O Lord, Destroyer of fear.	ਹੇ ਜੀਵਾਂ ਦੇ ਜਨਮ-ਮਰਨ ਦਾ ਗੇੜ ਨਾਸ ਕਰਨ ਵਾਲੇ ਰਾਮ! ਤੂੰ ਜਾਣਦਾ ਹੈਂ ਕਿ ਮੇਰੀ ਆਪਣੀ ਕੋਈ ਪਾਂਇਆਂ ਨਹੀਂ ਹੈ।
36539	858	ਸਗਲ ਜੀਅ ਸਰਨਾਗਤੀ ਪ੍ਰਭ ਪੂਰਨ ਕਾਮ॥੧॥ਰਹਾਉ॥	ਸਰਨਾ-ਗਤੀ	Sagal Jeea Saranaagathee Prabh Pooran Kaam ||1|| Rehaao ||	All beings seek Your Sanctuary, O God, Fulfiller, Resolver of our affairs. ||1||Pause||	ਹੇ ਸਭ ਦੀ ਕਾਮਨਾ ਪੂਰੀ ਕਰਨ ਵਾਲੇ ਪ੍ਰਭੂ! ਸਾਰੇ ਜੀਆ ਜੰਤ ਤੇਰੀ ਹੀ ਸਰਨ ਆਉਂਦੇ ਹਨ (ਮੈਂ ਗ਼ਰੀਬ ਭੀ ਤੇਰੀ ਹੀ ਸ਼ਰਨ ਹਾਂ) ॥੧॥ ਰਹਾਉ ॥
36540	858	ਜੋ ਤੇਰੀ ਸਰਨਾਗਤਾ ਤਿਨ ਨਾਹੀ ਭਾਰੁ॥	ਸਰ-ਨਾਗਤਾ	Jo Thaeree Saranaagathaa Thin Naahee Bhaar ||	Whoever enters Your Sanctuary, is relieved of his burden of sin.	ਜੋ ਜੋ ਭੀ ਤੇਰੀ ਸ਼ਰਨ ਆਉਂਦੇ ਹਨ, ਉਹਨਾਂ (ਦੀ ਆਤਮਾ) ਉੱਤੋਂ (ਵਿਕਾਰਾਂ ਦਾ) ਭਾਰ ਨਹੀਂ ਰਹਿ ਜਾਂਦਾ।
36541	858	ਊਚ ਨੀਚ ਤੁਮ ਤੇ ਤਰੇ ਆਲਜੁ ਸੰਸਾਰੁ॥੨॥	(੨ ਆ ਲਜੁ)	Ooch Neech Thum Thae Tharae Aalaj Sansaar ||2||	You have saved the high and the low from the shameless world. ||2||	ਚਾਹੇ ਉੱਚੀ ਜਾਤਿ ਵਾਲੇ ਹੋਣ, ਚਾਹੇ ਨੀਵੀਂ ਜਾਤਿ ਦੇ, ਉਹ ਤੇਰੀ ਮਿਹਰ ਨਾਲ ਇਸ ਬਖੇੜਿਆਂ-ਭਰੇ ਸੰਸਾਰ (-ਸਮੁੰਦਰ) ਵਿਚੋਂ (ਸੌਖੇ ਹੀ) ਲੰਘ ਜਾਂਦੇ ਹਨ ॥੨॥

36542	858	ਕਹਿ ਰਵਿਦਾਸ ਅਕਥ ਕਥਾ ਬਹੁ ਕਾਇ ਕਰੀਜੈ॥	ਅ-ਕਥ:ਪੋਲਾ ਬੋਲੋ	Kehi Ravidhaas Akathh Kathhaa Bahu Kaae Kareejai ||	Says Ravi Daas, what more can be said about the Unspoken Speech?	ਰਵਿਦਾਸ ਆਖਦਾ ਹੈ-ਹੇ ਪ੍ਰਭੂ! ਤੇਰੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ (ਤੂੰ ਕੰਗਾਲਾਂ ਨੂੰ ਭੀ ਸ਼ਹਨਸ਼ਾਹ ਬਣਾਉਣ ਵਾਲਾ ਹੈਂ), ਭਾਵੇਂ ਕਿਤਨਾ ਜਤਨ ਕਰੀਏ, ਤੇਰੇ ਗੁਣ ਕਹੇ ਨਹੀਂ ਜਾ ਸਕਦੇ;
36543	858	ਜੈਸਾ ਤੂ ਤੈਸਾ ਤੁਹੀ ਕਿਆ ਉਪਮਾ ਦੀਜੈ॥੩॥੧॥		Jaisaa Thoo Thaisaa Thuhee Kiaa Oupamaa Dheejai ||3||1||	Whatever You are, You are, O Lord; how can anything compare with Your Praises? ||3||1||	ਆਪਣੇ ਵਰਗਾ ਤੂੰ ਆਪ ਹੀ ਹੈਂ; (ਜਗਤ) ਵਿਚ ਕੋਈ ਐਸਾ ਨਹੀਂ ਜਿਸ ਨੂੰ ਤੇਰੇ ਵਰਗਾ ਕਿਹਾ ਜਾ ਸਕੇ ॥੩॥੧॥
36544	858	ਬਿਲਾਵਲੁ॥		Bilaaval ||	Bilaaval:	
36545	858	ਜਿਹ ਕੁਲ ਸਾਧੁ ਬੈਸਨੋ ਹੋਇ॥		Jih Kul Saadhh Baisana Hoe ||	That family, into which a holy person is born,	ਜਿਸ ਕਿਸੇ ਭੀ ਕੁਲ ਵਿਚ ਪਰਮਾਤਮਾ ਦਾ ਭਗਤ ਜੰਮ ਪਏ,
36546	858	ਬਰਨ ਅਬਰਨ ਰੰਕੁ ਨਹੀ ਈਸੁਰੁ ਬਿਮਲ ਬਾਸੁ ਜਾਨੀਐ ਜਗਿ ਸੋਇ॥੧॥ਰਹਾਉ॥	(ਬਰਨ)ਜ਼ਾਤ। (ਅ-ਬਰਨ)ਕੁਜ਼ਾਤ। (ਰੰਕੁ)ਕੰਗਾਲ। (ਈਸੁਰੁ)ਰਾਜਾ	Baran Abaran Rank Nehee Eesur Bimal Baas Jaaneeai Jag Soe ||1|| Rehaao ||	Whether of high or low social class, whether rich or poor, shall have its pure fragrance spread all over the world. ||1||Pause||	ਚਾਹੇ ਉਹ ਚੰਗੀ ਜਾਤ ਦਾ ਹੈ ਚਾਹੇ ਨੀਵੀਂ ਜਾਤ ਦਾ, ਚਾਹੇ ਕੰਗਾਲ ਹੈ ਚਾਹੇ ਧਨਾਢ, (ਉਸ ਦੀ ਜਾਤ ਤੇ ਧਨ ਆਦਿਕ ਦਾ ਜ਼ਿਕਰ ਹੀ) ਨਹੀਂ (ਛਿੜਦਾ), ਉਹ ਜਗਤ ਵਿਚ ਨਿਰਮਲ ਸੋਭਾ ਵਾਲਾ ਮਸ਼ਹੂਰ ਹੁੰਦਾ ਹੈ ॥੧॥ ਰਹਾਉ ॥

36547	858	ਬ੍ਰਹਮਨ ਬੈਸ ਸੂਦ ਅਰੁ ਖ੍ਯਤ੍ਰੀ ਡੋਮ ਚੰਡਾਰ ਮਲੇਛ ਮਨ ਸੋਇ॥	ਖਿਅੱਤ੍ਰੀ	Brehaman Bais Soodh Ar Khyathree Ddom Chanddaar Malaeshh Man Soe ||	Whether he is a Brahmin, a Vaishya, a Soodra, or a Kh'shaatriya; whether he is a poet, an outcaste, or a filthy-minded person,	ਕੋਈ ਬ੍ਰਾਹਮਣ ਹੋਵੇ, ਖੱਤ੍ਰੀ ਹੋਵੇ, ਡੂਮ ਚੰਡਾਲ ਜਾਂ ਮਲੀਨ ਮਨ ਵਾਲਾ ਹੋਵੇ,
36548	858	ਹੋਇ ਪੁਨੀਤ ਭਗਵੰਤ ਭਜਨ ਤੇ ਆਪੁ ਤਾਰਿ ਤਾਰੇ ਕੁਲ ਦੋਇ॥੧॥		Hoe Puneeth Bhagavanth Bhajan Thae Aap Thaar Thaarae Kul Dhoe ||1||	He becomes pure, by meditating on the Lord God. He saves himself, and the families of both his parents. ||1||	ਪਰਮਾਤਮਾ ਦੇ ਭਜਨ ਨਾਲ ਮਨੁੱਖ ਪਵਿਤ੍ਰ ਹੋ ਜਾਂਦਾ ਹੈ; ਉਹ ਆਪਣੇ ਆਪ ਨੂੰ (ਸੰਸਾਰ-ਸਮੁੰਦਰ ਤੋਂ) ਤਾਰ ਕੇ ਆਪਣੀਆਂ ਦੋਵੇਂ ਕੁਲਾਂ ਭੀ ਤਾਰ ਲੈਂਦਾ ਹੈ ॥੧॥
36549	858	ਧੰਨਿ ਸੁ ਗਾਉ ਧੰਨਿ ਸੋ ਠਾਉ ਧੰਨਿ ਪੁਨੀਤ ਕੁਟੰਬ ਸਭ ਲੋਇ॥		Dhhann S Gaao Dhhann So Thaao Dhhann Puneeth Kuttanb Sabh Loe ||	Blessed is that village, and blessed is the place of his birth; blessed is his pure family, throughout all the worlds.	ਸੰਸਾਰ ਵਿਚ ਉਹ ਪਿੰਡ ਮੁਬਾਰਿਕ ਹੈ, ਉਹ ਥਾਂ ਧੰਨ ਹੈ, ਉਹ ਪਵਿਤ੍ਰ ਕੁਲ ਭਾਗਾਂ ਵਾਲੀ ਹੈ,
36550	858	ਜਿਨਿ ਪੀਆ ਸਾਰ ਰਸੁ ਤਜੇ ਆਨ ਰਸ ਹੋਇ ਰਸ ਮਗਨ ਡਾਰੇ ਬਿਖੁ ਖੋਇ॥੨॥	ਬਿਖੁਵਿਸ਼ੇ ਦੀ (ਖੋਇ)ਆਦਤ	Jin Peeaa Saar Ras Thajae Aan Ras Hoe Ras Magan Ddaarae Bikh Khoe ||2||	One who drinks in the sublime essence abandons other tastes; intoxicated with this divine essence, he discards sin and corruption. ||2||	(ਜਿਸ ਵਿਚ ਜੰਮ ਕੇ) ਕਿਸੇ ਨੇ ਪਰਮਾਤਮਾ ਦੇ ਨਾਮ ਦਾ ਸ੍ਰੇਸ਼ਟ ਰਸ ਪੀਤਾ ਹੈ, ਹੋਰ (ਮੰਦੇ) ਰਸ ਛਡੇ ਹਨ, ਤੇ, ਪ੍ਰਭੂ ਦੇ ਨਾਮ-ਰਸ ਵਿਚ ਮਸਤ ਹੋ ਕੇ (ਵਿਕਾਰ-ਵਾਸ਼ਨਾ ਦਾ) ਜ਼ਹਿਰ (ਆਪਣੇ ਅੰਦਰੋਂ) ਨਾਸ ਕਰ ਦਿੱਤਾ ਹੈ ॥੨॥

36551	858	ਪੰਡਿਤ ਸੂਰ ਛਤ੍ਰਪਤਿ ਰਾਜਾ ਭਗਤ ਬਰਾਬਰਿ ਅਉਰੁ ਨ ਕੋਇ॥		Panddith Soor Shhathrapath Raajaa Bhagath Baraabar Aour N Koe ||	Among the religious scholars, warriors and kings, there is no other equal to the Lord's devotee.	ਭਾਰਾ ਵਿਦਵਾਨ ਹੋਵੇ ਚਾਹੇ ਸੂਰਮਾ, ਚਾਹੇ ਛੱਤਰਪਤੀ ਰਾਜਾ ਹੋਵੇ, ਕੋਈ ਭੀ ਮਨੁੱਖ ਪਰਮਾਤਮਾ ਦੇ ਭਗਤ ਦੇ ਬਰਾਬਰ ਦਾ ਨਹੀਂ ਹੋ ਸਕਦਾ।
36552	858	ਜੈਸੇ ਪੁਰੈਨ ਪਾਤ ਰਹੈ ਜਲ ਸਮੀਪ ਭਨਿ ਰਵਿਦਾਸ ਜਨਮੇ ਜਗਿ ਓਇ॥੩॥੨॥	(ਪੁਰੈਨ)ਚੁਪੱਤੀ	Jaisae Purain Paath Rehai Jal Sameep Bhan Ravidhaas Janamae Jag Oue ||3||2||	As the leaves of the water lily float free in the water, says Ravi Daas, so is their life in the world. ||3||2||	ਰਵਿਦਾਸ ਆਖਦਾ ਹੈ-ਭਗਤਾਂ ਦਾ ਹੀ ਜੰਮਣਾ ਜਗਤ ਵਿਚ ਮੁਬਾਰਿਕ ਹੈ (ਉਹ ਪ੍ਰਭੂ ਦੇ ਚਰਨਾਂ ਵਿਚ ਰਹਿ ਕੇ ਹੀ ਜੀਊ ਸਕਦੇ ਹਨ), ਜਿਵੇਂ ਚੁਪੱਤੀ ਪਾਣੀ ਦੇ ਨੇੜੇ ਰਹਿ ਕੇ ਹੀ (ਹਰੀ) ਰਹਿ ਸਕਦੀ ਹੈ ॥੩॥੨॥
36553	858	ਬਾਣੀ ਸਧਨੇ ਕੀ ਰਾਗੁ ਬਿਲਾਵਲੁ		Baanee Sadhhanae Kee Raag Bilaavalu	The Word Of Sadhana, Raag Bilaaval:	ਰਾਗ ਬਿਲਾਵਲੁ ਵਿੱਚ ਭਗਤ ਸਾਧਨੇ ਜੀ ਦੀ ਬਾਣੀ।
36554	858	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
36555	858	ਨ੍ਰਿਪ ਕੰਨਿਆ ਕੇ ਕਾਰਨੈ ਇਕੁ ਭਇਆ ਭੇਖਧਾਰੀ॥		Nrip Kanniaa Kae Kaaranai Eik Bhaeiaa Bhaekhadhhaaree ||	For a king's daughter, a man disguised himself as Vishnu.	ਹੇ ਪ੍ਰਭੂ! ਇੱਕ ਭੇਖਧਾਰੀ, ਜਿਸ ਨੇ ਇਕ ਰਾਜੇ ਦੀ ਲੜਕੀ ਦੀ ਖ਼ਾਤਰ (ਧਰਮ ਦਾ) ਭੇਖ ਧਾਰਿਆ ਸੀ;

36556	858	ਕਾਮਾਰਥੀ ਸੁਆਰਥੀ ਵਾ ਕੀ ਪੈਜ ਸਵਾਰੀ॥੧॥	ਕਾਮਾਰ-ਥੀ	Kaamaarathhee Suaarathhee Vaa Kee Paij Savaaree ||1||	He did it for sexual exploitation, and for selfish motives, but the Lord protected his honor. ||1||	ਤੂੰ ਉਸ ਕਾਮੀ ਤੇ ਖ਼ੁਦਗ਼ਰਜ਼ ਬੰਦੇ ਦੀ ਭੀ ਲਾਜ ਰੱਖੀ (ਭਾਵ, ਤੂੰ ਉਸ ਨੂੰ ਕਾਮ ਵਾਸ਼ਨਾ ਦੇ ਵਿਕਾਰ ਵਿਚ ਡਿੱਗਣ ਤੋਂ ਬਚਾਇਆ ਸੀ) ॥੧॥
36557	858	ਤਵ ਗੁਨ ਕਹਾ ਜਗਤ ਗੁਰਾ ਜਉ ਕਰਮੁ ਨ ਨਾਸੈ॥		Thav Gun Kehaa Jagath Guraa Jo Karam N Naasai ||	What is Your value, O Guru of the world, if You will not erase the karma of my past actions?	ਹੇ ਜਗਤ ਦੇ ਗੁਰੂ ਪ੍ਰਭੂ! ਜੇ ਮੇਰੇ ਪਿਛਲੇ ਕੀਤੇ ਕਰਮਾਂ ਦਾ ਫਲ ਨਾਸ ਨਾਹ ਹੋਇਆ (ਭਾਵ, ਜੇ ਮੈਂ ਪਿਛਲੇ ਕੀਤੇ ਮੰਦ ਕਰਮਾਂ ਦੇ ਸੰਸਕਾਰਾਂ ਅਨੁਸਾਰ ਹੁਣ ਭੀ ਮੰਦੇ ਕਰਮ ਕਰੀ ਹੀ ਗਿਆ) ਤਾਂ ਤੇਰੀ ਸ਼ਰਨ ਆਉਣ ਦਾ ਕੀਹ ਗੁਣ ਹੋਵੇਗਾ?
36558	858	ਸਿੰਘ ਸਰਨ ਕਤ ਜਾਈਐ ਜਉ ਜੰਬੁਕੁ ਗ੍ਰਾਸੈ॥੧॥ਰਹਾਉ॥		Singh Saran Kath Jaaeeai Jo Janbuk Graasai ||1|| Rehaao ||	Why seek safety from a lion, if one is to be eaten by a jackal? ||1||Pause||	ਸ਼ੇਰ ਦੀ ਸ਼ਰਨ ਪੈਣ ਦਾ ਕੀਹ ਲਾਭ, ਜੇ ਫਿਰ ਭੀ ਗਿੱਦੜ ਖਾ ਜਾਏ? ॥੧॥ ਰਹਾਉ ॥
36559	858	ਏਕ ਬੂੰਦ ਜਲ ਕਾਰਨੇ ਚਾਤ੍ਰਿਕੁ ਦੁਖੁ ਪਾਵੈ॥		Eaek Boondh Jal Kaaranae Chaathrik Dhukh Paavai ||	For the sake of a single rain-drop, the rainbird suffers in pain.	ਪਪੀਹਾ ਜਲ ਦੀ ਇਕ ਬੂੰਦ ਵਾਸਤੇ ਦੁਖੀ ਹੁੰਦਾ ਹੈ (ਤੇ ਕੂਕਦਾ ਹੈ;)

36560	858	ਪ੍ਰਾਨ ਗਏ ਸਾਗਰੁ ਮਿਲੈ ਫੁਨਿ ਕਾਮਿ ਨ ਆਵੈ॥੨॥		Praan Geae Saagar Milai Fun Kaam N Aavai ||2||	When its breath of life is gone, even an ocean is of no use to it. ||2||	(ਪਰ ਉਡੀਕ ਵਿਚ ਹੀ) ਜੇ ਉਸ ਦੀ ਜਿੰਦ ਚਲੀ ਜਾਏ ਤਾਂ ਫਿਰ ਉਸ ਨੂੰ (ਪਾਣੀ ਦਾ) ਸਮੁੰਦਰ ਭੀ ਮਿਲੇ ਤਾਂ ਉਸ ਦੇ ਕਿਸੇ ਕੰਮ ਨਹੀਂ ਆ ਸਕਦਾ; (ਤਿਵੇਂ, ਹੇ ਪ੍ਰਭੂ! ਜੇ ਤੇਰੇ ਨਾਮ-ਅੰਮ੍ਰਿਤ ਦੀ ਬੂੰਦ ਖੁਣੋਂ ਮੇਰੀ ਜਿੰਦ ਵਿਕਾਰਾਂ ਵਿਚ ਮਰ ਹੀ ਗਈ, ਤਾਂ ਫਿਰ ਤੇਰੀ ਮਿਹਰ ਦਾ ਸਮੁੰਦਰ ਮੇਰਾ ਕੀਹ ਸਵਾਰੇਗਾ? ॥੨॥
36561	858	ਪ੍ਰਾਨ ਜੁ ਥਾਕੇ ਥਿਰੁ ਨਹੀ ਕੈਸੇ ਬਿਰਮਾਵਉ॥	(ਬਿਰਮਾਵਉ)ਦੇਰ ਲਾਉਂਦੇ। ਬਿਰ-ਮਾਵਉ	Praan J Thhaakae Thhir Nehee Kaisae Biramaavo ||	Now, my life has grown weary, and I shall not last much longer; how can I be patient?	(ਤੇਰੀ ਮਿਹਰ ਨੂੰ ਉਡੀਕ ਉਡੀਕ ਕੇ) ਮੇਰੀ ਜਿੰਦ ਥੱਕੀ ਹੋਈ ਹੈ, (ਵਿਕਾਰਾਂ ਵਿਚ) ਡੋਲ ਰਹੀ ਹੈ, ਇਸ ਨੂੰ ਕਿਸ ਤਰ੍ਹਾਂ ਵਿਕਾਰਾਂ ਵਲੋਂ ਰੋਕਾਂ?
36562	858	ਬੂਡਿ ਮੂਏ ਨਉਕਾ ਮਿਲੈ ਕਹੁ ਕਾਹਿ ਚਢਾਵਉ॥੩॥	ਮੁਕਤ ਰੂਪ(ਨਉਕਾ)ਬੇੜੀ	Boodd Mooeae Noukaa Milai Kahu Kaahi Chadtaavo ||3||	If I drown and die, and then a boat comes along, tell me, how shall I climb aboard? ||3||	ਹੇ ਪ੍ਰਭੂ! ਜੇ ਮੈਂ (ਵਿਕਾਰਾਂ ਦੇ ਸਮੁੰਦਰ ਵਿਚ) ਡੁੱਬ ਹੀ ਗਿਆ, ਤੇ ਪਿਛੋਂ ਤੇਰੀ ਬੇੜੀ ਮਿਲੀ, ਤਾਂ, ਦੱਸ, ਉਸ ਬੇੜੀ ਵਿਚ ਮੈਂ ਕਿਸ ਨੂੰ ਚੜ੍ਹਾਵਾਂਗਾ? ॥੩॥
36563	858	ਮੈ ਨਾਹੀ ਕਛੁ ਹਉ ਨਹੀ ਕਿਛੁ ਆਹਿ ਨ ਮੋਰਾ॥		Mai Naahee Kashh Ho Nehee Kishh Aahi N Moraa ||	I am nothing, I have nothing, and nothing belongs to me.	ਹੇ ਪ੍ਰਭੂ! ਮੇਰੀ ਕੋਈ ਪਾਂਇਆਂ ਨਹੀਂ, ਮੇਰਾ ਹੋਰ ਕੋਈ ਆਸਰਾ ਨਹੀਂ;

36564	858	ਅਉਸਰ ਲਜਾ ਰਾਖਿ ਲੇਹੁ ਸਧਨਾ ਜਨੁ ਤੋਰਾ॥੪॥੧॥	ਲੱਜਾ	Aousar Lajaa Raakh Laehu Sadhhanaa Jan Thoraa ||4||1||	Now, protect my honor; Sadhana is Your humble servant. ||4||1||	(ਇਹ ਮਨੁੱਖਾ ਜਨਮ ਹੀ) ਮੇਰੀ ਲਾਜ ਰੱਖਣ ਦਾ ਸਮਾ ਹੈ, ਮੈਂ ਸਧਨਾ ਤੇਰਾ ਦਾਸ ਹਾਂ, ਮੇਰੀ ਲਾਜ ਰੱਖ (ਤੇ ਵਿਕਾਰਾਂ ਦੇ ਸਮੁੰਦਰ ਵਿਚ ਡੁੱਬਣ ਤੋਂ ਮੈਨੂੰ ਬਚਾ ਲੈ) ॥੪॥੧॥
36565	859	੧ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
36566	859	ਰਾਗੁ ਗੋਂਡ ਚਉਪਦੇ ਮਹਲਾ ੪ ਘਰੁ ੧॥		Raag Gonadd Choupadhae Mehalaa 4 Ghar 1 ||	Raag Gond, Chau-Padas, Fourth Mehl, First House:	

36567	859	ਜੇ ਮਨਿ ਚਿਤਿ ਆਸ ਰਖਹਿ ਹਰਿ ਊਪਰਿ ਤਾ ਮਨ ਚਿੰਦੇ ਅਨੇਕ ਅਨੇਕ ਫਲ ਪਾਈ॥		Jae Man Chith Aas Rakhehi Har Oopar Thaa Man Chindhae Anaek Anaek Fal Paaee ||	If, in his conscious mind, he places his hopes in the Lord, then he shall obtain the fruits of all the many desires of his mind.	ਹੇ ਭਾਈ! ਜੇ ਤੂੰ ਆਪਣੇ ਮਨ ਵਿਚ ਆਪਣੇ ਚਿੱਤ ਵਿਚ ਸਿਰਫ਼ ਪਰਮਾਤਮਾ ਉਤੇ ਭਰੋਸਾ ਰੱਖੇਂ, ਤਾਂ ਤੂੰ ਅਨੇਕਾਂ ਹੀ ਮਨ-ਮੰਗੇ ਫਲ ਹਾਸਲ ਕਰ ਲਏਂਗਾ,
36568	859	ਹਰਿ ਜਾਣੈ ਸਭੁ ਕਿਛੁ ਜੋ ਜੀਇ ਵਰਤੈ ਪ੍ਰਭੁ ਘਾਲਿਆ ਕਿਸੈ ਕਾ ਇਕੁ ਤਿਲੁ ਨ ਗਵਾਈ॥		Har Jaanai Sabh Kishh Jo Jeee Varathai Prabh Ghaaliaa Kisai Kaa Eik Thil N Gavaaee ||	The Lord knows everything which happens to the soul. Not even an iota of one's effort goes to waste.	(ਕਿਉਂਕਿ) ਪਰਮਾਤਮਾ ਉਹ ਸਭ ਕੁਝ ਜਾਣਦਾ ਹੈ ਜੋ (ਅਸਾਂ ਜੀਵਾਂ ਦੇ) ਮਨ ਵਿਚ ਵਰਤਦਾ ਹੈ, ਅਤੇ, ਪਰਮਾਤਮਾ ਕਿਸੇ ਦੀ ਕੀਤੀ ਹੋਈ ਮੇਹਨਤ ਰਤਾ ਭਰ ਭੀ ਅਜਾਈਂ ਨਹੀਂ ਜਾਣ ਦੇਂਦਾ।
36569	859	ਹਰਿ ਤਿਸ ਕੀ ਆਸ ਕੀਜੈ ਮਨ ਮੇਰੇ ਜੋ ਸਭ ਮਹਿ ਸੁਆਮੀ ਰਹਿਆ ਸਮਾਈ॥੧॥		Har This Kee Aas Keejai Man Maerae Jo Sabh Mehi Suaamee Rehiaa Samaaee ||1||	Place your hopes in the Lord, O my mind; the Lord and Master is pervading and permeating all. ||1||	ਸੋ, ਹੇ ਮੇਰੇ ਮਨ! ਉਸ ਮਾਲਕ-ਪਰਮਾਤਮਾ ਦੀ ਸਦਾ ਆਸ ਰੱਖ, ਜੇਹੜਾ ਸਭ ਜੀਵਾਂ ਵਿਚ ਮੌਜੂਦ ਹੈ ॥੧॥

36570	859	ਮੇਰੇ ਮਨ ਆਸਾ ਕਰਿ ਜਗਦੀਸ ਗੁਸਾਈ॥	ਜੱਗਦੀਸ। ਗੁਸਾਂਈਂ	Maerae Man Aasaa Kar Jagadhees Gusaaee ||	O my mind, place your hopes in the Lord of the World, the Master of the Universe.	ਹੇ ਮੇਰੇ ਮਨ! ਜਗਤ ਦੇ ਮਾਲਕ ਧਰਤੀ ਦੇ ਸਾਈਂ ਦੀ (ਸਹਾਇਤਾ ਦੀ) ਆਸ ਰੱਖਿਆ ਕਰ।
36571	859	ਜੋ ਬਿਨੁ ਹਰਿ ਆਸ ਅਵਰ ਕਾਹੂ ਕੀ ਕੀਜੈ ਸਾ ਨਿਹਫਲ ਆਸ ਸਭ ਬਿਰਥੀ ਜਾਈ॥੧॥ਰਹਾਉ॥		Jo Bin Har Aas Avar Kaahoo Kee Keejai Saa Nihafal Aas Sabh Birathhee Jaaee ||1|| Rehaao ||	That hope which is placed in any other than the Lord - that hope is fruitless, and totally useless. ||1||Pause||	ਪਰਮਾਤਮਾ ਤੋਂ ਬਿਨਾ ਜੇਹੜੀ ਭੀ ਕਿਸੇ ਹੋਰ ਦੀ ਆਸ ਕਰੀਦੀ ਹੈ, ਉਹ ਆਸ ਸਫਲ ਨਹੀਂ ਹੁੰਦੀ, ਉਹ ਆਸ ਵਿਅਰਥ ਜਾਂਦੀ ਹੈ ॥੧॥ ਰਹਾਉ ॥
36572	859	ਜੋ ਦੀਸੈ ਮਾਇਆ ਮੋਹ ਕੁਟੰਬੁ ਸਭੁ ਮਤ ਤਿਸ ਕੀ ਆਸ ਲਗਿ ਜਨਮੁ ਗਵਾਈ॥		Jo Dheesai Maaeiaa Moh Kuttanb Sabh Math This Kee Aas Lag Janam Gavaaee ||	That which you can see, Maya, and all attachment to family - don't place your hopes in them, or your life will be wasted and lost.	ਹੇ ਮੇਰੇ ਮਨ! ਜੋ ਇਹ ਸਾਰਾ ਪਰਵਾਰ ਦਿੱਸ ਰਿਹਾ ਹੈ, ਇਹ ਮਾਇਆ ਦੇ ਮੋਹ (ਦਾ ਮੂਲ) ਹੈ। ਇਸ ਪਰਵਾਰ ਦੀ ਆਸ ਰੱਖ ਕੇ ਕਿਤੇ ਆਪਣਾ ਜੀਵਨ ਵਿਅਰਥ ਨਾਹ ਗਵਾ ਲਈਂ।

36573	859	ਇਨ੍ ਕੈ ਕਿਛੁ ਹਾਥਿ ਨਹੀ ਕਹਾ ਕਰਹਿ ਇਹਿ ਬਪੁੜੇ ਇਨ੍ ਕਾ ਵਾਹਿਆ ਕਛੁ ਨ ਵਸਾਈ॥		Einh Kai Kishh Haathh Nehee Kehaa Karehi Eihi Bapurrae Einh Kaa Vaahiaa Kashh N Vasaaee ||	Nothing is in their hands; what can these poor creatures do? By their actions, nothing can be done.	ਇਹਨਾਂ ਸੰਬੰਧੀਆਂ ਦੇ ਹੱਥ ਵਿਚ ਕੁਝ ਨਹੀਂ। ਇਹ ਵਿਚਾਰੇ ਕੀਹ ਕਰ ਸਕਦੇ ਹਨ? ਇਹਨਾਂ ਦਾ ਲਾਇਆ ਹੋਇਆ ਜ਼ੋਰ ਸਫਲ ਨਹੀਂ ਹੋ ਸਕਦਾ।
36574	859	ਮੇਰੇ ਮਨ ਆਸ ਕਰਿ ਹਰਿ ਪ੍ਰੀਤਮ ਅਪੁਨੇ ਕੀ ਜੋ ਤੁਝੁ ਤਾਰੈ ਤੇਰਾ ਕੁਟੰਬੁ ਸਭੁ ਛਡਾਈ॥੨॥		Maerae Man Aas Kar Har Preetham Apunae Kee Jo Thujh Thaarai Thaeraa Kuttanb Sabh Shhaddaaee ||2||	O my mind, place your hopes in the Lord, your Beloved, who shall carry you across, and save your whole family as well. ||2||	ਸੋ, ਹੇ ਮੇਰੇ ਮਨ! ਆਪਣੇ ਪ੍ਰੀਤਮ ਪ੍ਰਭੂ ਦੀ ਹੀ ਆਸ ਰੱਖ, ਉਹੀ ਤੈਨੂੰ ਪਾਰ ਲੰਘਾ ਸਕਦਾ ਹੈ, ਤੇਰੇ ਪਰਵਾਰ ਨੂੰ ਭੀ (ਹਰੇਕ ਬਿਪਤਾ ਤੋਂ) ਛੁਡਾ ਸਕਦਾ ਹੈ ॥੨॥
36575	859	ਜੇ ਕਿਛੁ ਆਸ ਅਵਰ ਕਰਹਿ ਪਰਮਿਤ੍ਰੀ ਮਤ ਤੂੰ ਜਾਣਹਿ ਤੇਰੈ ਕਿਤੈ ਕੰਮਿ ਆਈ॥	(ਪਰਮਿਤ੍ਰੀ)ਮਾਇਕੀ ਮਿੱਤ੍ਰ, ਮਾਇਆ ਦੇ ਚਾਹਵਾਨ	Jae Kishh Aas Avar Karehi Paramithree Math Thoon Jaanehi Thaerai Kithai Kanm Aaee ||	If you place your hopes in any other, in any friend other than the Lord, then you shall come to know that it is of no use at all.	ਹੇ ਭਾਈ! ਜੇ ਤੂੰ (ਪ੍ਰਭੂ ਨੂੰ ਛੱਡ ਕੇ) ਹੋਰ ਮਾਇਆ ਆਦਿਕ ਦੀ ਆਸ ਬਣਾਏਂਗਾ, ਕਿਤੇ ਇਹ ਨਾਹ ਸਮਝ ਲਈਂ ਕਿ ਮਾਇਆ ਤੇਰੇ ਕਿਸੇ ਕੰਮ ਆਵੇਗੀ।

36576	859	ਇਹ ਆਸ ਪਰਮਿਤ੍ਰੀ ਭਾਉ ਦੂਜਾ ਹੈ ਖਿਨ ਮਹਿ ਝੂਠੁ ਬਿਨਸਿ ਸਭ ਜਾਈ॥		Eih Aas Paramithree Bhaao Dhoojaa Hai Khin Mehi Jhooth Binas Sabh Jaaee ||	This hope placed in other friends comes from the love of duality. In an instant, it is gone; it is totally false.	ਮਾਇਆ ਵਾਲੀ ਆਸ (ਪ੍ਰਭੂ ਤੋਂ ਬਿਨਾ) ਦੂਜਾ ਪਿਆਰ ਹੈ, ਇਹ ਸਾਰਾ ਝੂਠਾ ਪਿਆਰ ਹੈ, ਇਹ ਤਾਂ ਇਕ ਖਿਨ ਵਿਚ ਨਾਸ ਹੋ ਜਾਇਗਾ।
36577	859	ਮੇਰੇ ਮਨ ਆਸਾ ਕਰਿ ਹਰਿ ਪ੍ਰੀਤਮ ਸਾਚੇ ਕੀ ਜੋ ਤੇਰਾ ਘਾਲਿਆ ਸਭੁ ਥਾਇ ਪਾਈ॥੩॥		Maerae Man Aasaa Kar Har Preetham Saachae Kee Jo Thaeraa Ghaaliaa Sabh Thhaae Paaee ||3||	O my mind, place your hopes in the Lord, your True Beloved, who shall approve and reward you for all your efforts. ||3||	ਹੇ ਮੇਰੇ ਮਨ! ਸਦਾ ਕਾਇਮ ਰਹਿਣ ਵਾਲੇ ਪ੍ਰੀਤਮ ਪ੍ਰਭੂ ਦੀ ਹੀ ਆਸ ਰੱਖ, ਉਹ ਪ੍ਰਭੂ ਤੇਰੀ ਕੀਤੀ ਹੋਈ ਸਾਰੀ ਮੇਹਨਤ ਸਫਲ ਕਰੇਗਾ ॥੩॥
36578	859	ਆਸਾ ਮਨਸਾ ਸਭ ਤੇਰੀ ਮੇਰੇ ਸੁਆਮੀ ਜੈਸੀ ਤੂ ਆਸ ਕਰਾਵਹਿ ਤੈਸੀ ਕੋ ਆਸ ਕਰਾਈ॥		Aasaa Manasaa Sabh Thaeree Maerae Suaamee Jaisee Thoo Aas Karaavehi Thaisee Ko Aas Karaaee ||	Hope and desire are all Yours, O my Lord and Master. As You inspire hope, so are the hopes held.	ਪਰ, ਹੇ ਮੇਰੇ ਮਾਲਕ-ਪ੍ਰਭੂ! ਤੇਰੀ ਹੀ ਪ੍ਰੇਰਨਾ ਨਾਲ ਜੀਵ ਆਸਾਂ ਧਾਰਦਾ ਹੈ, ਮਨ ਦੇ ਫੁਰਨੇ ਬਣਾਂਦਾ ਹੈ। ਹਰੇਕ ਜੀਵ ਉਹੋ ਜਿਹੀ ਹੀ ਆਸ ਧਾਰਦਾ ਹੈ ਜਿਹੋ ਜਿਹੀ ਤੂੰ ਪ੍ਰੇਰਨਾ ਕਰਦਾ ਹੈਂ।

36579	860	ਕਿਛੁ ਕਿਸੀ ਕੈ ਹਥਿ ਨਾਹੀ ਮੇਰੇ ਸੁਆਮੀ ਐਸੀ ਮੇਰੈ ਸਤਿਗੁਰਿ ਬੂਝ ਬੁਝਾਈ॥	ਬੂੱਝ। ਬੁੱਝਾਈ	Kishh Kisee Kai Hathh Naahee Maerae Suaamee Aisee Maerai Sathigur Boojh Bujhaaee ||	Nothing is in the hands of anyone, O my Lord and Master; such is the understanding the True Guru has given me to understand.	ਹੇ ਮੇਰੇ ਮਾਲਕ! ਕਿਸੇ ਭੀ ਜੀਵ ਦੇ ਕੁਝ ਵੱਸ ਨਹੀਂ-ਮੈਨੂੰ ਤਾਂ ਮੇਰੇ ਗੁਰੂ ਨੇ ਇਹ ਸੂਝ ਬਖ਼ਸ਼ੀ ਹੈ।
36580	860	ਜਨ ਨਾਨਕ ਕੀ ਆਸ ਤੂ ਜਾਣਹਿ ਹਰਿ ਦਰਸਨੁ ਦੇਖਿ ਹਰਿ ਦਰਸਨਿ ਤ੍ਰਿਪਤਾਈ॥੪॥੧॥		Jan Naanak Kee Aas Thoo Jaanehi Har Dharasan Dhaekh Har Dharasan Thripathaaee ||4||1||	You alone know the hope of servant Nanak, O Lord; gazing upon the Blessed Vision of the Lord's Darshan, he is satisfied. ||4||1||	ਹੇ ਪ੍ਰਭੂ! (ਆਪਣੇ) ਦਾਸ ਨਾਨਕ ਦੀ (ਧਾਰੀ ਹੋਈ) ਆਸ ਤੂੰ ਆਪ ਹੀ ਜਾਣਦਾ ਹੈਂ (ਉਹ ਤਾਂਘ ਇਹ ਹੈ ਕਿ) ਪ੍ਰਭੂ ਦਾ ਦਰਸ਼ਨ ਕਰ ਕੇ (ਨਾਨਕ ਦਾ ਮਨ) ਦਰਸ਼ਨ ਦੀ ਬਰਕਤ ਨਾਲ (ਮਾਇਆ ਦੀਆਂ ਆਸਾਂ ਵੱਲੋਂ) ਰੱਜਿਆ ਰਹੇ ॥੪॥੧॥
36581	860	ਗੌਡ ਮਹਲਾ ੪॥		Gonadd Mehalaa 4 ||	Gond, Fourth Mehl:	
36582	860	ਐਸਾ ਹਰਿ ਸੇਵੀਐ ਨਿਤ ਧਿਆਈਐ ਜੋ ਖਿਨ ਮਹਿ ਕਿਲਵਿਖ ਸਭਿ ਕਰੇ ਬਿਨਾਸਾ॥		Aisaa Har Saeveeai Nith Dhhiaaeeai Jo Khin Mehi Kilavikh Sabh Karae Binaasaa ||	Serve such a Lord, and ever meditate on Him, who in an instant erases all sins and mistakes.	ਹੇ ਮੇਰੇ ਮਨ! ਜੇਹੜਾ ਹਰੀ ਇਕ ਖਿਨ ਵਿਚ ਸਾਰੇ ਪਾਪ ਨਾਸ ਕਰ ਸਕਦਾ ਹੈ, ਸਦਾ ਉਸ ਨੂੰ ਸਿਮਰਨਾ ਚਾਹੀਦਾ ਹੈ, ਸਦਾ ਉਸ ਦਾ ਧਿਆਨ ਧਰਨਾ ਚਾਹੀਦਾ ਹੈ।

36583	860	ਜੇ ਹਰਿ ਤਿਆਗਿ ਅਵਰ ਕੀ ਆਸ ਕੀਜੈ ਤਾ ਹਰਿ ਨਿਹਫਲ ਸਭ ਘਾਲ ਗਵਾਸਾ॥		Jae Har Thiaag Avar Kee Aas Keejai Thaa Har Nihafal Sabh Ghaal Gavaasaa ||	If someone forsakes the Lord and places his hopes in another, then all his service to the Lord is rendered fruitless.	ਹੇ ਮਨ! ਜੇ ਪਰਮਾਤਮਾ ਨੂੰ ਛੱਡ ਕੇ ਕਿਸੇ ਹੋਰ ਦੀ (ਸਹਾਇਤਾ ਦੀ) ਆਸ ਰੱਖੀਏ, ਤਾਂ ਉਹ ਪਰਮਾਤਮਾ (ਜੀਵ ਦੀ ਉਸ) ਸਾਰੀ ਕੀਤੀ ਮੇਹਨਤ ਨੂੰ ਅਸਫਲ ਕਰ ਦੇਂਦਾ ਹੈ, ਜ਼ਾਇਆ ਕਰ ਦੇਂਦਾ ਹੈ।
36584	860	ਮੇਰੇ ਮਨ ਹਰਿ ਸੇਵਿਹੁ ਸੁਖਦਾਤਾ ਸੁਆਮੀ ਜਿਸੁ ਸੇਵਿਐ ਸਭ ਭੁਖ ਲਹਾਸਾ॥੧॥		Maerae Man Har Saevihu Sukhadhaathaa Suaamee Jis Saeviai Sabh Bhukh Lehaasaa ||1||	O my mind, serve the Lord, the Giver of peace; serving Him, all your hunger shall depart. ||1||	ਸੋ, ਹੇ ਮੇਰੇ ਮਨ! ਸਾਰੇ ਸੁਖ ਦੇਣ ਵਾਲੇ ਮਾਲਕ ਹਰੀ ਦਾ ਸਿਮਰਨ ਕਰਿਆ ਕਰ, ਉਸ ਦਾ ਸਿਮਰਨ ਕਰਨ ਨਾਲ ਸਾਰੀ ਤ੍ਰਿਸ਼ਨਾ-ਭੁੱਖ ਲਹਿ ਜਾਂਦੀ ਹੈ ॥੧॥
36585	860	ਮੇਰੇ ਮਨ ਹਰਿ ਊਪਰਿ ਕੀਜੈ ਭਰਵਾਸਾ॥		Maerae Man Har Oopar Keejai Bharavaasaa ||	O my mind, place your faith in the Lord.	ਹੇ ਮੇਰੇ ਮਨ! (ਸਦਾ) ਪਰਮਾਤਮਾ ਉਤੇ ਭਰੋਸਾ ਰੱਖਣਾ ਚਾਹੀਦਾ ਹੈ,
36586	860	ਜਹ ਜਾਈਐ ਤਹ ਨਾਲਿ ਮੇਰਾ ਸੁਆਮੀ ਹਰਿ ਅਪਨੀ ਪੈਜ ਰਖੈ ਜਨ ਦਾਸਾ॥੧॥ਰਹਾਉ॥		Jeh Jaaeeai Theh Naal Maeraa Suaamee Har Apanee Paij Rakhai Jan Dhaasaa ||1|| Rehaao ||	Wherever I go, my Lord and Master is there with me. The Lord saves the honor of His humble servants and slaves. ||1||Pause||	ਕਿਉਂਕਿ, ਹੇ ਮੇਰੇ ਮਨ! ਜਿੱਥੇ ਭੀ ਜਾਈਏ, ਉਹ ਮੇਰਾ ਮਾਲਕ-ਪ੍ਰਭੂ ਸਦਾ ਅੰਗ-ਸੰਗ ਰਹਿੰਦਾ ਹੈ, ਤੇ, ਉਹ ਪ੍ਰਭੂ ਆਪਣੇ ਦਾਸਾਂ ਦੀ ਆਪਣੇ ਸੇਵਕਾਂ ਦੀ ਇੱਜ਼ਤ ਰੱਖਦਾ ਹੈ ॥੧॥ ਰਹਾਉ ॥

36587	860	ਜੇ ਅਪਨੀ ਬਿਰਥਾ ਕਹਹੁ ਅਵਰਾ ਪਹਿ ਤਾ ਆਗੈ ਅਪਨੀ ਬਿਰਥਾ ਬਹੁ ਬਹੁਤੁ ਕਢਾਸਾ॥		Jae Apanee Birathhaa Kehahu Avaraa Pehi Thaa Aagai Apanee Birathhaa Bahu Bahuth Kadtaasaa ||	If you tell your sorrows to another, then he, in return, will tell you of his greater sorrows.	ਹੇ ਭਾਈ! ਜੇ ਤੂੰ ਆਪਣਾ ਕੋਈ ਦੁੱਖ-ਦਰਦ (ਪ੍ਰਭੂ ਨੂੰ ਛੱਡ ਕੇ) ਹੋਰਨਾਂ ਅੱਗੇ ਪੇਸ਼ ਕਰਦਾ ਫਿਰੇਂਗਾ, ਤਾਂ ਉਹ ਲੋਕ ਅੱਗੋਂ ਆਪਣੇ ਅਨੇਕਾਂ ਦੁੱਖ-ਦਰਦ ਸੁਣਾ ਦੇਣਗੇ।
36588	860	ਅਪਨੀ ਬਿਰਥਾ ਕਹਹੁ ਹਰਿ ਅਪੁਨੇ ਸੁਆਮੀ ਪਹਿ ਜੋ ਤੁਮ੍ਰੇ ਦੂਖ ਤਤਕਾਲ ਕਟਾਸਾ॥		Apanee Birathhaa Kehahu Har Apunae Suaamee Pehi Jo Thumharae Dhookh Thathakaal Kattaasaa ||	So tell your sorrows to the Lord, your Lord and Master, who shall instantly dispel your pain.	ਹੇ ਭਾਈ! ਆਪਣਾ ਹਰੇਕ ਦੁੱਖ-ਦਰਦ ਆਪਣੇ ਮਾਲਕ ਪਰਮਾਤਮਾ ਪਾਸ ਹੀ ਬਿਆਨ ਕਰ, ਉਹ ਤਾਂ ਤੇਰੇ ਸਾਰੇ ਦੁੱਖ ਤੁਰਤ ਕੱਟ ਕੇ ਰੱਖ ਦੇਵੇਗਾ।
36589	860	ਸੋ ਐਸਾ ਪ੍ਰਭੁ ਛੋਡਿ ਅਪਨੀ ਬਿਰਥਾ ਅਵਰਾ ਪਹਿ ਕਹੀਐ ਅਵਰਾ ਪਹਿ ਕਹਿ ਮਨ ਲਾਜ ਮਰਾਸਾ॥੨॥		So Aisaa Prabh Shhodd Apanee Birathhaa Avaraa Pehi Keheeai Avaraa Pehi Kehi Man Laaj Maraasaa ||2||	Forsaking such a Lord God, if you tell your sorrows to another, then you shall die of shame. ||2||	ਹੇ ਭਾਈ! ਜੇ ਇਹੋ ਜਿਹੇ ਸਮਰੱਥ ਪ੍ਰਭੂ ਨੂੰ ਛੱਡ ਕੇ ਆਪਣੀ ਪੀੜਾ ਹੋਰਨਾਂ ਅੱਗੇ ਪੇਸ਼ ਕੀਤੀ ਜਾਇਗੀ, ਹੋਰਨਾਂ ਪਾਸ ਆਖ ਕੇ, ਹੇ ਮਨ! ਸ਼ਰਮਿੰਦਾ ਹੋਣਾ ਪੈਂਦਾ ਹੈ ॥੨॥

36590	860	ਜੋ ਸੰਸਾਰੈ ਕੇ ਕੁਟੰਬ ਮਿਤ੍ਰ ਭਾਈ ਦੀਸਹਿ ਮਨ ਮੇਰੇ ਤੇ ਸਭਿ ਅਪਨੈ ਸੁਆਇ ਮਿਲਾਸਾ॥		Jo Sansaarai Kae Kuttanb Mithr Bhaaee Dheesehi Man Maerae Thae Sabh Apanai Suaae Milaasaa ||	The relatives, friends and siblings of the world that you see, O my mind, all meet with you for their own purposes.	ਹੇ ਮੇਰੇ ਮਨ! ਦੁਨੀਆ ਵਾਲੇ ਇਹ ਸਾਕ-ਅੰਗ, ਮਿੱਤਰ, ਭਰਾ ਜੇਹੜੇ ਭੀ ਦਿੱਸਦੇ ਹਨ, ਇਹ ਤਾਂ ਆਪੋ ਆਪਣੀ ਗ਼ਰਜ਼ ਦੀ ਖ਼ਾਤਰ ਹੀ ਮਿਲਦੇ ਹਨ।
36591	860	ਜਿਤੁ ਦਿਨਿ ਉਨ੍ਹਿ ਕਾ ਸੁਆਉ ਹੋਇ ਨ ਆਵੈ ਤਿਤੁ ਦਿਨਿ ਨੇੜੈ ਕੋ ਨ ਢੁਕਾਸਾ॥		Jith Dhin Ounh Kaa Suaao Hoe N Aavai Thith Dhin Naerrai Ko N Dtukaasaa ||	And that day, when their self-interests are not served, on that day, they shall not come near you.	ਜਦੋਂ ਉਹਨਾਂ ਦੀ ਗ਼ਰਜ਼ ਪੂਰੀ ਨਾਹ ਹੋ ਸਕੇ, ਤਦੋਂ ਉਹਨਾਂ ਵਿਚੋਂ ਕੋਈ ਭੀ ਨੇੜੇ ਨਹੀਂ ਢੁੰਹਦਾ।
36592	860	ਮਨ ਮੇਰੇ ਅਪਨਾ ਹਰਿ ਸੇਵਿ ਦਿਨੁ ਰਾਤੀ ਜੋ ਤੁਧੁ ਉਪਕਰੈ ਦੂਖਿ ਸੁਖਾਸਾ॥੩॥	(ਉ-ਪੱਕਰੈ)ਸਹਾਇਤਾ ਕਰਨ, ਦੁੱਖਾਂ ਨੂੰ ਸੁਖ ਬਣਾ ਦੇਣ	Man Maerae Apanaa Har Saev Dhin Raathee Jo Thudhh Oupakarai Dhookh Sukhaasaa ||3||	O my mind, serve your Lord, day and night; He shall help you in good times and bad. ||3||	ਸੋ, ਹੇ ਮੇਰੇ ਮਨ! ਦਿਨ ਰਾਤ ਹਰ ਵੇਲੇ ਆਪਣੇ ਪ੍ਰਭੂ ਦਾ ਸਿਮਰਨ ਕਰਦਾ ਰਹੁ, ਉਹੀ ਹਰੇਕ ਦੁਖ ਸੁਖ ਵਿਚ ਤੈਨੂੰ ਪੁੱਕਰ ਸਕਦਾ ਹੈ ॥੩॥

36593	860	ਤਿਸ ਕਾ ਭਰਵਾਸਾ ਕਿਉ ਕੀਜੈ ਮਨ ਮੇਰੇ ਜੋ ਅੰਤੀ ਅਉਸਰਿ ਰਖਿ ਨ ਸਕਾਸਾ॥		This Kaa Bharavaasaa Kio Keejai Man Maerae Jo Anthee Aousar Rakh N Sakaasaa ||	Why place your faith in anyone, O my mind, who cannot come to your rescue at the last instant?	ਹੇ ਮੇਰੇ ਮਨ! ਜੇਹੜਾ ਕੋਈ ਅੰਤਲੇ ਸਮੇ (ਮੌਤ ਪਾਸੋਂ ਸਾਨੂੰ) ਬਚਾ ਨਹੀਂ ਸਕਦਾ, ਉਸ ਦਾ ਭਰੋਸਾ ਨਹੀਂ ਕਰਨਾ ਚਾਹੀਦਾ।
36594	860	ਹਰਿ ਜਪੁ ਮੰਤੁ ਗੁਰ ਉਪਦੇਸੁ ਲੈ ਜਾਪਹੁ ਤਿਨ੍ ਅੰਤਿ ਛਡਾਏ ਜਿਨ੍ ਹਰਿ ਪ੍ਰੀਤਿ ਚਿਤਾਸਾ॥		Har Jap Manth Gur Oupadhaes Lai Jaapahu Thinh Anth Shhaddaaeae Jinh Har Preeth Chithaasaa ||	Chant the Lord's Mantra, take the Guru's Teachings, and meditate on Him. In the end, the Lord saves those who love Him in their consciousness.	ਗੁਰੂ ਦਾ ਉਪਦੇਸ਼ ਲੈ ਕੇ (ਗੁਰੂ ਦੀ ਸਿੱਖਿਆ ਉਤੇ ਤੁਰ ਕੇ) ਪਰਮਾਤਮਾ ਦਾ ਨਾਮ-ਮੰਤ੍ਰ ਜਪਿਆ ਕਰ। ਜਿਨ੍ਹਾਂ ਮਨੁੱਖਾਂ ਦੇ ਚਿੱਤ ਵਿਚ ਪਰਮਾਤਮਾ ਦਾ ਪਿਆਰ ਵੱਸਦਾ ਹੈ, ਉਹਨਾਂ ਨੂੰ ਪਰਮਾਤਮਾ ਅਖ਼ੀਰ ਵੇਲੇ (ਜਮਾਂ ਦੇ ਡਰ ਤੋਂ) ਛੁਡਾ ਲੈਂਦਾ ਹੈ।
36595	860	ਜਨ ਨਾਨਕ ਅਨ ਦਿਨੁ ਨਾਮੁ ਜਪਹੁ ਹਰਿ ਸੰਤਹੁ ਇਹੁ ਛੂਟਣ ਕਾ ਸਾਚਾ ਭਰਵਾਸਾ॥੪॥੨॥		Jan Naanak Anadhin Naam Japahu Har Santhahu Eihu Shhoottan Kaa Saachaa Bharavaasaa ||4||2||	Servant Nanak speaks: night and day, chant the Lord's Name, O Saints; this is the only true hope for emancipation. ||4||2||	ਹੇ ਦਾਸ ਨਾਨਕ! (ਆਖ-) ਹੇ ਸੰਤ ਜਨੋ! ਹਰ ਵੇਲੇ ਪਰਮਾਤਮਾ ਦਾ ਨਾਮ ਜਪਿਆ ਕਰੋ। (ਦੁੱਖਾਂ ਕਲੇਸ਼ਾਂ ਤੋਂ) ਬਚਣ ਦਾ ਇਹੀ ਪੱਕਾ ਵਸੀਲਾ ਹੈ ॥੪॥੨॥
36596	860	ਗੋਂਡ ਮਹਲਾ ੪॥		Gonadd Mehalaa 4 ||	Gond, Fourth Mehl:	

36597	860	ਹਰਿ ਸਿਮਰਤ ਸਦਾ ਹੋਇ ਅਨੰਦੁ ਸੁਖੁ ਅੰਤਰਿ ਸਾਂਤਿ ਸੀਤਲ ਮਨੁ ਅਪਨਾ॥		Har Simarath Sadhaa Hoe Anandh Sukh Anthar Saanth Seethal Man Apanaa ||	Remembering the Lord in meditation, you shall find bliss and peace forever deep within, and your mind will become tranquil and cool.	ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਦਿਆਂ ਸਦਾ ਸੁਖ ਆਨੰਦ ਬਣਿਆ ਰਹਿੰਦਾ ਹੈ, ਹਿਰਦੇ ਵਿਚ ਸ਼ਾਂਤੀ ਟਿਕੀ ਰਹਿੰਦੀ ਹੈ, ਮਨ ਠੰਢਾ-ਠਾਰ ਰਹਿੰਦਾ ਹੈ।
36598	860	ਜੈਸੇ ਸਕਤਿ ਸੂਰੁ ਬਹੁ ਜਲਤਾ ਗੁਰ ਸਸਿ ਦੇਖੇ ਲਹਿ ਜਾਇ ਸਭ ਤਪਨਾ॥੧॥	(ਸਕਤਿ)ਰੇਤਾ। (ਸੂਰੁ)ਸੂਰਜ। (ਸਸਿ)ਚੰਦ। ਸਸਿ:ਪੋਲਾ ਬੋਲੋ	Jaisae Sakath Soor Bahu Jalathaa Gur Sas Dhaekhae Lehi Jaae Sabh Thapanaa ||1||	It is like the harsh sun of Maya, with its burning heat; seeing the moon, the Guru, its heat totally vanishes. ||1||	ਜਿਵੇਂ ਮਾਇਆ ਦਾ ਸੂਰਜ ਬਹੁਤ ਤਪਦਾ ਹੋਵੇ, ਤੇ, ਗੁਰੂ-ਚੰਦ੍ਰਮਾ ਦਾ ਦਰਸ਼ਨ ਕੀਤਿਆਂ (ਮਾਇਆ ਦੇ ਮੋਹ ਦੀ) ਸਾਰੀ ਤਪਸ਼ ਦੂਰ ਹੋ ਜਾਂਦੀ ਹੈ ॥੧॥
36599	860	ਮੇਰੇ ਮਨ ਅਨ ਦਿਨੁ ਧਿਆਇ ਨਾਮੁ ਹਰਿ ਜਪਨਾ॥		Maerae Man Anadhin Dhhiaae Naam Har Japanaa ||	O my mind, night and day,meditate, and chant the Lord's Name.	ਹੇ-ਮੇਰੇ ਮਨ! ਹਰ ਵੇਲੇ ਪਰਮਾਤਮਾ ਦੇ ਨਾਮ ਦਾ ਧਿਆਨ ਧਰ, ਪ੍ਰਭੂ ਦਾ ਨਾਮ ਜਪਦਾ ਰਹੁ!

36600	860	ਜਹਾ ਕਹਾ ਤੁਝੁ ਰਾਖੈ ਸਭ ਠਾਈ ਸੋ ਐਸਾ ਪ੍ਰਭੁ ਸੇਵਿ ਸਦਾ ਤੂ ਅਪਨਾ॥੧॥ਰਹਾਉ॥		Jehaa Kehaa Thujh Raakhai Sabh Thaaee So Aisaa Prabh Saev Sadhaa Thoo Apanaa ||1|| Rehaao ||	Here and hereafter, He shall protect you, everywhere; serve such a God forever. ||1||Pause||	ਹੇ ਮਨ! ਉਹ ਪ੍ਰਭੂ ਹਰ ਥਾਂ ਹੀ ਤੇਰੀ ਰਾਖੀ ਕਰਨ ਵਾਲਾ ਹੈ, ਉਸ ਆਪਣੇ ਪ੍ਰਭੂ ਨੂੰ ਸਦਾ ਹੀ ਸਿਮਰਦਾ ਰਹੁ ॥੧॥ ਰਹਾਉ ॥
36601	860	ਜਾ ਮਹਿ ਸਭਿ ਨਿਧਾਨ ਸੋ ਹਰਿ ਜਪਿ ਮਨ ਮੇਰੇ ਗੁਰਮੁਖਿ ਖੋਜਿ ਲਹਹੁ ਹਰਿ ਰਤਨਾ॥		Jaa Mehi Sabh Nidhhaan So Har Jap Man Maerae Guramukh Khoj Lehahu Har Rathanaa ||	Meditate on the Lord, who contains all treasures, O my mind; as Gurmukh, search for the jewel, the Lord.	ਹੇ ਮੇਰੇ ਮਨ! ਉਸ ਪ੍ਰਭੂ ਦਾ ਨਾਮ ਜਪਿਆ ਕਰ, ਜਿਸ ਵਿਚ ਸਾਰੇ ਹੀ ਖ਼ਜ਼ਾਨੇ ਹਨ। ਗੁਰੂ ਦੀ ਸਰਨ ਪੈ ਕੇ ਹਰਿ-ਨਾਮ-ਰਤਨ ਨੂੰ (ਆਪਣੇ ਅੰਦਰੋਂ) ਖੋਜ ਕੇ ਲੱਭ ਲੈ।
36602	860	ਜਿਨ ਹਰਿ ਧਿਆਇਆ ਤਿਨ ਹਰਿ ਪਾਇਆ ਮੇਰਾ ਸੁਆਮੀ ਤਿਨ ਕੇ ਚਰਣ ਮਲਹੁ ਹਰਿ ਦਸਨਾ॥੨॥		Jin Har Dhhiaaeiaa Thin Har Paaeiaa Maeraa Suaamee Thin Kae Charan Malahu Har Dhasanaa ||2||	Those who meditate on the Lord, find the Lord, my Lord and Master; I wash the feet of those slaves of the Lord. ||2||	ਜਿਨ੍ਹਾਂ ਮਨੁੱਖ ਨੇ ਹਰਿ-ਨਾਮ ਵਿਚ ਧਿਆਨ ਜੋੜਿਆ, ਉਹਨਾਂ ਨੇ ਹਰੀ ਦਾ ਮਿਲਾਪ ਹਾਸਲ ਕਰ ਲਿਆ। ਹੇ ਮਨ! ਉਹਨਾਂ ਹਰੀ ਦੇ ਦਾਸਾਂ ਦੇ ਚਰਨ ਘੁੱਟਿਆ ਕਰ ॥੨॥

36603	860	ਸਬਦੁ ਪਛਾਣਿ ਰਾਮ ਰਸੁ ਪਾਵਹੁ ਓਹੁ ਊਤਮੁ ਸੰਤੁ ਭਇਓ ਬਡ ਬਡਨਾ॥		Sabadh Pashhaan Raam Ras Paavahu Ouhu Ootham Santh Bhaeiou Badd Baddanaa ||	One who realizes the Word of the Shabad, obtains the sublime essence of the Lord; such a Saint is lofty and sublime, the greatest of the great.	ਹੇ ਮਨ! ਗੁਰੂ ਦੇ ਸ਼ਬਦ ਨਾਲ ਸਾਂਝ ਪਾ ਕੇ ਹਰਿ-ਨਾਮ ਦਾ ਰਸ ਪ੍ਰਾਪਤ ਕਰ। (ਜੇਹੜਾ ਮਨੁੱਖ ਇਹ ਨਾਮ-ਰਸ ਹਾਸਲ ਕਰਦਾ ਹੈ) ਉਹ ਸ੍ਰੇਸ਼ਟ ਸੰਤ ਹੈ ਉਹ ਵੱਡੇ ਭਾਗਾਂ ਵਾਲਾ ਬਣ ਜਾਂਦਾ ਹੈ।
36604	860	ਤਿਸੁ ਜਨ ਕੀ ਵਡਿਆਈ ਹਰਿ ਆਪਿ ਵਧਾਈ ਓਹੁ ਘਟੈ ਨ ਕਿਸੈ ਕੀ ਘਟਾਈ ਇਕੁ ਤਿਲੁ ਤਿਲੁ ਤਿਲਨਾ॥੩॥		This Jan Kee Vaddiaaee Har Aap Vadhhaaee Ouhu Ghattai N Kisai Kee Ghattaaee Eik Thil Thil Thilanaa ||3||	The Lord Himself magnifies the glory of that humble servant. No one can lessen or decrease that glory, not even a bit. ||3||	ਅਜੇਹੇ ਮਨੁੱਖ ਦੀ ਇੱਜ਼ਤ ਪ੍ਰਭੂ ਨੇ ਆਪ ਵਧਾਈ ਹੈ, ਕਿਸੇ ਦੇ ਘਟਾਇਆਂ ਉਹ ਇੱਜ਼ਤ ਇਕ ਤਿਲ ਜਿਤਨੀ ਭੀ ਨਹੀਂ ਘਟ ਸਕਦੀ ॥੩॥
36605	861	ਜਿਸ ਤੇ ਸੁਖ ਪਾਵਹਿ ਮਨ ਮੇਰੇ ਸੋ ਸਦਾ ਧਿਆਇ ਨਿਤ ਕਰ ਜੁਰਨਾ॥		Jis Thae Sukh Paavehi Man Maerae So Sadhaa Dhhiaae Nith Kar Juranaa ||	He shall give you peace, O my mind; meditate forever, every day on Him, with your palms pressed together.	ਹੇ ਮੇਰੇ ਮਨ! ਜਿਸ ਪ੍ਰਭੂ ਪਾਸੋਂ ਤੂੰ ਸਾਰੇ ਸੁਖ ਪਾ ਰਿਹਾ ਹੈਂ, ਉਸ ਨੂੰ ਸਦਾ ਹੀ ਦੋਵੇਂ ਹੱਥ ਜੋੜ ਕੇ (ਪੂਰੀ ਨਿਮ੍ਰਤਾ ਨਾਲ) ਸਿਮਰਿਆ ਕਰ।

36606	861	ਜਨ ਨਾਨਕ ਕਉ ਹਰਿ ਦਾਨੁ ਇਕੁ ਦੀਜੈ ਨਿਤ ਬਸਹਿ ਰਿਦੈ ਹਰੀ ਮੋਹਿ ਚਰਨਾ॥੪॥੩॥		Jan Naanak Ko Har Dhaan Eik Dheejai Nith Basehi Ridhai Haree Mohi Charanaa ||4||3||	Please bless servant Nanak with this one gift, O Lord, that Your feet may dwell within my heart forever. ||4||3||	ਹੇ ਹਰੀ! (ਆਪਣੇ) ਦਾਸ ਨਾਨਕ ਨੂੰ ਇਕ ਖ਼ੈਰ ਪਾ ਕਿ ਤੇਰੇ ਚਰਨ ਮੇਰੇ ਹਿਰਦੇ ਵਿਚ ਸਦਾ ਹੀ ਵੱਸਦੇ ਰਹਿਣ ॥੪॥੩॥
36607	861	ਗੌਂਡ ਮਹਲਾ ੪॥		Gonadd Mehalaa 4 ||	Gond, Fourth Mehl:	
36608	861	ਜਿਤਨੇ ਸਾਹ ਪਾਤਿਸਾਹ ਉਮਰਾਵ ਸਿਕਦਾਰ ਚਉਧਰੀ ਸਭਿ ਮਿਥਿਆ ਝੂਠੁ ਭਾਉ ਦੂਜਾ ਜਾਣੁ॥	ਸਿੱਕਦਾਰ	Jithanae Saah Paathisaah Oumaraav Sikadhaar Choudhharee Sabh Mithhiaa Jhooth Bhaao Dhoojaa Jaan ||	All the kings, emperors, nobles, lords and chiefs are false and transitory, engrossed in duality - know this well.	ਹੇ ਮਨ! (ਜਗਤ ਵਿਚ) ਜਿਤਨੇ ਭੀ ਸ਼ਾਹ ਬਾਦਸ਼ਾਹ ਅਮੀਰ ਸਰਦਾਰ ਚੌਧਰੀ (ਦਿੱਸਦੇ ਹਨ) ਇਹ ਸਾਰੇ ਨਾਸਵੰਤ ਹਨ, (ਇਹੋ ਜਿਹੇ) ਮਾਇਆ ਦੇ ਪਿਆਰ ਨੂੰ ਝੂਠਾ ਸਮਝ।
36609	861	ਹਰਿ ਅਬਿਨਾਸੀ ਸਦਾ ਥਿਰੁ ਨਿਹਚਲੁ ਤਿਸੁ ਮੇਰੇ ਮਨ ਭਜੁ ਪਰਵਾਣੁ॥੧॥	ਭਜ:ਪੋਲਾ ਬੋਲੋ	Har Abinaasee Sadhaa Thhir Nihachal This Maerae Man Bhaj Paravaan ||1||	The eternal Lord is permanent and unchanging; meditate on Him, O my mind, and you shall be approved. ||1||	ਸਿਰਫ਼ ਪਰਮਾਤਮਾ ਹੀ ਨਾਸ-ਰਹਿਤ ਹੈ, ਸਦਾ ਕਾਇਮ ਰਹਿਣ ਵਾਲਾ ਹੈ, ਅਟੱਲ ਹੈ। ਹੇ ਮੇਰੇ ਮਨ! ਉਸ ਪਰਮਾਤਮਾ ਦਾ ਨਾਮ ਜਪਿਆ ਕਰ, ਤਾਹੀਏਂ ਕਬੂਲ ਹੋਵੇਂਗਾ ॥੧॥

36610	861	ਮੇਰੇ ਮਨ ਨਾਮੁ ਹਰੀ ਭਜੁ ਸਦਾ ਦੀਬਾਣੁ॥	(ਦੀਬਾਣੁ) ਆਸਰਾ।ਭਜ:ਪੋਲਾ ਬੋਲੋ	Maerae Man Naam Haree Bhaj Sadhaa Dheebaan ||	O my mind,vibrate,and meditate on the Lord's Name, which shall be your defender forever.	ਹੇ ਮੇਰੇ ਮਨ! ਸਦਾ ਪ੍ਰਭੂ ਦਾ ਨਾਮ ਸਿਮਰਿਆ ਕਰ, ਇਹੀ ਅਟੱਲ ਆਸਰਾ ਹੈ।
36611	861	ਜੋ ਹਰਿ ਮਹਲੁ ਪਾਵੈ ਗੁਰ ਬਚਨੀ ਤਿਸੁ ਜੇਵਡੁ ਅਵਰੁ ਨਾਹੀ ਕਿਸੈ ਦਾ ਤਾਣੁ॥੧॥ਰਹਾਉ॥		Jo Har Mehal Paavai Gur Bachanee This Jaevadd Avar Naahee Kisai Dhaa Thaan ||1|| Rehaao ||	One who obtains the Mansion of the Lord's Presence, through the Word of the Guru's Teachings - no one else's power is as great as his. ||1||Pause||	ਜੇਹੜਾ ਮਨੁੱਖ ਗੁਰੂ ਦੇ ਬਚਨਾਂ ਉਤੇ ਤੁਰ ਕੇ ਪ੍ਰਭੂ ਦੇ ਚਰਨਾਂ ਵਿਚ ਨਿਵਾਸ ਹਾਸਲ ਕਰ ਲੈਂਦਾ ਹੈ, ਉਸ ਮਨੁੱਖ ਦੇ ਆਤਮਕ ਬਲ ਜਿਤਨਾ ਹੋਰ ਕਿਸੇ ਦਾ ਬਲ ਨਹੀਂ ॥੧॥ ਰਹਾਉ ॥
36612	861	ਜਿਤਨੇ ਧਨਵੰਤ ਕੁਲਵੰਤ ਮਿਲਖਵੰਤ ਦੀਸਹਿ ਮਨ ਮੇਰੇ ਸਭਿ ਬਿਨਸਿ ਜਾਹਿ ਜਿਉ ਰੰਗੁ ਕਸੁੰਭ ਕਚਾਣੁ॥		Jithanae Dhhanavanth Kulavanth Milakhavanth Dheesehi Man Maerae Sabh Binas Jaahi Jio Rang Kasunbh Kachaan ||	All the wealthy, high class property owners which you see, O my mind, shall vanish, like the fading color of the safflower.	ਹੇ ਮੇਰੇ ਮਨ! (ਦੁਨੀਆ ਵਿਚ) ਜਿਤਨੇ ਭੀ ਧਨ ਵਾਲੇ, ਉੱਚੀ ਕੁਲ ਵਾਲੇ, ਜ਼ਮੀਨਾਂ ਦੇ ਮਾਲਕ ਦਿੱਸ ਰਹੇ ਹਨ, ਇਹ ਸਾਰੇ ਨਾਸ ਹੋ ਜਾਣਗੇ, (ਇਹਨਾਂ ਦਾ ਵਡੱਪਣ ਇਉਂ ਹੀ ਕੱਚਾ ਹੈ) ਜਿਵੇਂ ਕਸੁੰਭੇ ਦਾ ਰੰਗ ਕੱਚਾ ਹੈ।

36613	861	ਹਰਿ ਸਤਿ ਨਿਰੰਜਨੁ ਸਦਾ ਸੇਵਿ ਮਨ ਮੇਰੇ ਜਿਤੁ ਹਰਿ ਦਰਗਹ ਪਾਵਹਿ ਤੂ ਮਾਣੁ॥੨॥		Har Sath Niranjan Sadhaa Saev Man Maerae Jith Har Dharageh Paavehi Thoo Maan ||2||	Serve the True, Immaculate Lord forever, O my mind, and you shall be honored in the Court of the Lord. ||2||	ਹੇ ਮੇਰੇ ਮਨ! ਉਸ ਪਰਮਾਤਮਾ ਨੂੰ ਸਦਾ ਸਿਮਰ, ਜੋ ਸਦਾ ਕਾਇਮ ਰਹਿਣ ਵਾਲਾ ਹੈ, ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ, ਅਤੇ ਜਿਸ ਦੀ ਰਾਹੀਂ ਤੂੰ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਹਾਸਲ ਕਰੇਂਗਾ ॥੨॥
36614	861	ਬ੍ਰਾਹਮਣੁ ਖਤ੍ਰੀ ਸੂਦ ਵੈਸ ਚਾਰਿ ਵਰਨ ਚਾਰਿ ਆਸ੍ਰਮ ਹਹਿ ਜੋ ਹਰਿ ਧਿਆਵੈ ਸੋ ਪਰਧਾਨੁ॥		Braahaman Khathree Soodh Vais Chaar Varan Chaar Aasram Hehi Jo Har Dhhiaavai So Paradhhaan ||	There are four castes: Brahmin, Kh'shaatriya, Soodra and Vaishya, and there are four stages of life. One who meditates on the Lord, is the most distinguished and renowned.	(ਹੇ ਮਨ! ਸਾਡੇ ਦੇਸ ਵਿਚ) ਬ੍ਰਾਹਮਣ, ਖਤ੍ਰੀ, ਵੈਸ਼, ਸ਼ੂਦਰ-ਇਹ ਚਾਰ (ਪ੍ਰਸਿੱਧ) ਵਰਨ ਹਨ, (ਬ੍ਰਹਮਚਰਜ, ਗ੍ਰਿਹਸਤ, ਵਾਨਪ੍ਰਸਤ, ਸੰਨਿਆਸ-ਇਹ) ਚਾਰ ਆਸ਼੍ਰਮ (ਪ੍ਰਸਿੱਧ) ਹਨ। ਇਹਨਾਂ ਵਿਚੋਂ ਜੇਹੜਾ ਭੀ ਮਨੁੱਖ ਪ੍ਰਭੂ ਦਾ ਨਾਮ ਸਿਮਰਦਾ ਹੈ, ਉਹੀ (ਸਭ ਤੋਂ) ਸ੍ਰੇਸ਼ਟ ਹੈ (ਜਾਤੀ ਆਦਿਕ ਕਰਕੇ ਨਹੀਂ)।
36615	861	ਜਿਉ ਚੰਦਨ ਨਿਕਟਿ ਵਸੈ ਹਿਰਡੁ ਬਪੁੜਾ ਤਿਉ ਸਤਸੰਗਤਿ ਮਿਲਿ ਪਤਿਤ ਪਰਵਾਣੁ॥੩॥	ਹਿਰ-ਡੁ :ਪੋਲਾ ਬੋਲੋ। ਬੱਪੁੜਾ	Jio Chandhan Nikatt Vasai Hiradd Bapurraa Thio Sathasangath Mil Pathith Paravaan ||3||	The poor castor oil plant, growing near the sandalwood tree, becomes fragrant; in the same way, the sinner, associating with the Saints, becomes acceptable and approved. ||3||	ਜਿਵੇਂ ਚੰਦਨ ਦੇ ਨੇੜੇ ਵਿਚਾਰਾ ਅਰਿੰਡ ਵੱਸਦਾ ਹੈ (ਤੇ ਸੁਗੰਧਿਤ ਹੋ ਜਾਂਦਾ ਹੈ) ਤਿਵੇਂ ਸਾਧ ਸੰਗਤਿ ਵਿਚ ਮਿਲ ਕੇ ਵਿਕਾਰੀ ਭੀ (ਪਵਿਤੱਰ ਹੋ ਕੇ) ਕਬੂਲ ਹੋ ਜਾਂਦਾ ਹੈ ॥੩॥

36616	861	ਓਹੁ ਸਭ ਤੇ ਊਚਾ ਸਭ ਤੇ ਸੂਚਾ ਜਾ ਕੈ ਹਿਰਦੈ ਵਸਿਆ ਭਗਵਾਨੁ॥		Ouhu Sabh Thae Oochaa Sabh Thae Soochaa Jaa Kai Hiradhai Vasiaa Bhagavaan ||	He, within whose heart the Lord abides, is the highest of all, and the purest of all.	ਹੇ ਮਨ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ, ਉਹ ਮਨੁੱਖ ਹੋਰ ਸਭਨਾਂ ਮਨੁੱਖਾਂ ਨਾਲੋਂ ਉੱਚਾ ਹੋ ਜਾਂਦਾ ਹੈ, ਸੁੱਚਾ ਹੋ ਜਾਂਦਾ ਹੈ।
36617	861	ਜਨ ਨਾਨਕੁ ਤਿਸ ਕੇ ਚਰਨ ਪਖਾਲੈ ਜੋ ਹਰਿ ਜਨੁ ਨੀਚੁ ਜਾਤਿ ਸੇਵਕਾਣੁ॥੪॥੪॥		Jan Naanak This Kae Charan Pakhaalai Jo Har Jan Neech Jaath Saevakaan ||4||4||	Servant Nanak washes the feet of thM at humble servant of the Lord; he may be from a low class family, but he is now the Lord's servant. ||4||4||	(ਹੇ ਭਾਈ!) ਦਾਸ ਨਾਨਕ ਉਸ ਮਨੁੱਖਾਂ ਦੇ ਚਰਨ ਧੋਂਦਾ ਹੈ, ਜੇਹੜਾ ਪ੍ਰਭੂ ਦਾ ਸੇਵਕ ਹੈ ਪ੍ਰਭੂ ਦਾ ਭਗਤ ਹੈ, ਭਾਵੇਂ ਉਹ ਜਾਤੀ ਵਲੋਂ ਨੀਚ ਹੀ (ਗਿਣਿਆ ਜਾਂਦਾ) ਹੈ ॥੪॥੪॥
36618	861	ਗੋਂਡ ਮਹਲਾ ੪॥		Gonadd Mehalaa 4 ||	Gond, Fourth Mehl:	
36619	861	ਹਰਿ ਅੰਤਰਜਾਮੀ ਸਭਤੈ ਵਰਤੈ ਜੇਹਾ ਹਰਿ ਕਰਾਏ ਤੇਹਾ ਕੋ ਕਰਈਐ॥	ਕ-ਰਈਐ	Har Antharajaamee Sabhathai Varathai Jaehaa Har Karaaeae Thaehaa Ko Kareeai ||	The Lord, the Inner-knower, the Searcher of hearts, is all-pervading. As the Lord causes them to act, so do they act.	ਹੇ ਮੇਰੇ ਮਨ! ਪਰਮਾਤਮਾ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ, ਹਰੇਕ ਥਾਂ ਵਿਚ ਮੌਜੂਦ ਹੈ, (ਹਰੇਕ ਜੀਵ ਦੇ ਅੰਦਰ ਵਿਆਪਕ ਹੋ ਕੇ) ਜਿਹੋ ਜਿਹਾ ਕੰਮ (ਕਿਸੇ ਜੀਵ ਪਾਸੋਂ) ਕਰਾਂਦਾ ਹੈ, ਉਹੋ ਜਿਹਾ ਕੰਮ ਹੀ ਜੀਵ ਕਰਦਾ ਹੈ।

36620	861	ਸੋ ਐਸਾ ਹਰਿ ਸੇਵਿ ਸਦਾ ਮਨ ਮੇਰੇ ਜੋ ਤੁਧਨੋ ਸਭ ਦੂ ਰਖਿ ਲਈਐ॥੧॥	(ਦੂ)ਤੋਂ	So Aisaa Har Saev Sadhaa Man Maerae Jo Thudhhano Sabh Dhoo Rakh Leeai ||1||	So serve forever such a Lord, O my mind, who will protect you from everything. ||1||	ਹੇ ਮਨ! ਇਹੋ ਜਿਹੀ ਤਾਕਤ ਵਾਲੇ ਪ੍ਰਭੂ ਨੂੰ ਸਦਾ ਸਿਮਰਦਾ ਰਹੁ, ਉਹ ਤੈਨੂੰ ਹਰੇਕ (ਦੁੱਖ-ਕਲੇਸ਼) ਤੋਂ ਬਚਾ ਸਕਦਾ ਹੈ ॥੧॥
36621	861	ਮੇਰੇ ਮਨ ਹਰਿ ਜਪਿ ਹਰਿ ਨਿਤ ਪੜਈਐ॥	ਪ-ੜ੍ਈਐ	Maerae Man Har Jap Har Nith Parreeai ||	O my mind, meditate on the Lord, and read about the Lord every day.	ਹੇ ਮੇਰੇ ਮਨ! ਸਦਾ ਪ੍ਰਭੂ ਦਾ ਨਾਮ ਜਪਣਾ ਚਾਹੀਦਾ ਹੈ, ਉਚਾਰਨਾ ਚਾਹੀਦਾ ਹੈ।
36622	861	ਹਰਿ ਬਿਨੁ ਕੋ ਮਾਰਿ ਜੀਵਾਲਿ ਨ ਸਾਕੈ ਤਾ ਮੇਰੇ ਮਨ ਕਾਇਤੁ ਕੜਈਐ॥੧॥ਰਹਾਉ ॥	ਕ-ੜਈਐ	Har Bin Ko Maar Jeevaal N Saakai Thaa Maerae Man Kaaeith Karreeai ||1|| Rehaao ||	Other than the Lord, no one can kill you or save you; so why do you worry, O my mind? ||1||Pause||	(ਜਦੋਂ) ਪਰਮਾਤਮਾ ਤੋਂ ਬਿਨਾ (ਹੋਰ) ਕੋਈ ਨਾਹ ਮਾਰ ਸਕਦਾ ਹੈ ਨਾਹ ਜਿਵਾਲ ਸਕਦਾ ਹੈ, ਤਾਂ ਫਿਰ, ਹੇ ਮੇਰੇ ਮਨ! (ਕਿਸੇ ਤਰ੍ਹਾਂ ਦਾ) ਚਿੰਤਾ-ਫ਼ਿਕਰ ਨਹੀਂ ਕਰਨਾ ਚਾਹੀਦਾ ॥੧॥ ਰਹਾਉ ॥
36623	861	ਹਰਿ ਪਰਪੰਚੁ ਕੀਆ ਸਭੁ ਕਰਤੈ ਵਿਚਿ ਆਪੇ ਆਪਣੀ ਜੋਤਿ ਧਰਈਐ॥	ਧ-ਰਈਐ	Har Parapanch Keeaa Sabh Karathai Vich Aapae Aapanee Joth Dhhareeai ||	The Creator created the entire universe, and infused His Light into it.	ਹੇ ਮਨ! ਇਹ ਸਾਰਾ ਦਿੱਸਦਾ ਜਗਤ ਕਰਤਾਰ ਨੇ ਆਪ ਬਣਾਇਆ ਹੈ, ਇਸ ਜਗਤ ਵਿਚ ਉਸ ਨੇ ਆਪ ਹੀ ਆਪਣੀ ਜੋਤੀ ਰੱਖੀ ਹੋਈ ਹੈ।

36624	861	ਹਰਿ ਏਕੋ ਬੋਲੈ ਹਰਿ ਏਕੁ ਬੁਲਾਏ ਗੁਰਿ ਪੂਰੈ ਹਰਿ ਏਕੁ ਦਿਖਈਐ॥੨॥	ਦਿ-ਖਈਐ	Har Eaeko Bolai Har Eaek Bulaaeae Gur Poorai Har Eaek Dhikheeai ||2||	The One Lord speaks, and the One Lord causes all to speak.The Perfect Guru has revealed the One Lord. ||2||	(ਸਭ ਜੀਵਾਂ ਵਿਚ ਉਹ) ਕਰਤਾਰ ਆਪ ਹੀ ਬੋਲ ਰਿਹਾ ਹੈ। (ਹਰੇਕ ਜੀਵ ਨੂੰ) ਉਹ ਪ੍ਰਭੂ ਆਪ ਹੀ ਬੋਲਣ ਦੀ ਸੱਤਿਆ ਦੇ ਰਿਹਾ ਹੈ। ਪੂਰੇ ਗੁਰੂ ਨੇ (ਮੈਨੂੰ ਹਰ ਥਾਂ) ਉਹ ਇੱਕ ਪ੍ਰਭੂ ਹੀ ਵਿਖਾ ਦਿੱਤਾ ਹੈ ॥੨॥
36625	861	ਹਰਿ ਅੰਤਰਿ ਨਾਲੇ ਬਾਹਰਿ ਨਾਲੇ ਕਹੁ ਤਿਸੁ ਪਾਸਹੁ ਮਨ ਕਿਆ ਚੋਰਈਐ॥	ਚੋ-ਰਈਐ	Har Anthar Naalae Baahar Naalae Kahu This Paasahu Man Kiaa Choreeai ||	The Lord is with you, inside and out; tell me, O mind, how can You hide anything from Him?	ਹੇ ਮਨ! (ਹਰੇਕ ਜੀਵ ਦੇ) ਅੰਦਰ ਪ੍ਰਭੂ ਆਪ ਹੀ ਅੰਗ-ਸੰਗ ਵੱਸਦਾ ਹੈ, ਬਾਹਰ ਸਾਰੇ ਜਗਤ ਵਿਚ ਭੀ ਪ੍ਰਭੂ ਹੀ ਹਰ ਥਾਂ ਵੱਸਦਾ ਹੈ। ਦੱਸ! ਹੇ ਮਨ! ਉਸ (ਸਰਬ-ਵਿਆਪਕ) ਪਾਸੋਂ ਕੇਹੜਾ ਲੁਕਾਉ ਕੀਤਾ ਜਾ ਸਕਦਾ ਹੈ?
36626	861	ਨਿਹਕਪਟ ਸੇਵਾ ਕੀਜੈ ਹਰਿ ਕੇਰੀ ਤਾਂ ਮੇਰੇ ਮਨ ਸਰਬ ਸੁਖ ਪਈਐ॥੩॥		Nihakapatt Saevaa Keejai Har Kaeree Thaan Maerae Man Sarab Sukh Peeai ||3||	Serve the Lord open-heartedly, and then, O my mind, you shall find total peace. ||3||	ਮੇਰੇ ਮਨ! ਉਸ ਪ੍ਰਭੂ ਦੀ ਸੇਵਾ ਭਗਤੀ ਨਿਰਛਲ ਹੋ ਕੇ ਕਰਨੀ ਚਾਹੀਦੀ ਹੈ, ਤਾਂ ਹੀ (ਉਸ ਪਾਸੋਂ) ਸਾਰੇ ਸੁਖ ਹਾਸਲ ਕਰ ਸਕੀਦੇ ਹਨ ॥੩॥

36627	861	ਜਿਸ ਦੈ ਵਸਿ ਸਭੁ ਕਿਛੁ ਸੋ ਸਭ ਦੂ ਵਡਾ ਸੋ ਮੇਰੇ ਮਨ ਸਦਾ ਧਿਅਈਐ॥	ਵੱਸਿ। ਧਿ-ਅਈਐ	Jis Dhai Vas Sabh Kishh So Sabh Dhoo Vaddaa So Maerae Man Sadhaa Dhhiaeeai ||	Everything is under His control; He is the greatest of all. O my mind, meditate forever on Him.	ਹੇ ਮੇਰੇ ਮਨ! ਜਿਸ ਪਰਮਾਤਮਾ ਦੇ ਵੱਸ ਵਿਚ ਹਰੇਕ ਚੀਜ਼ ਹੈ, ਉਹ ਸਭਨਾਂ ਵਾਲੋਂ ਵੱਡਾ ਹੈ, ਸਦਾ ਹੀ ਉਸ ਦਾ ਧਿਆਨ ਧਰਨਾ ਚਾਹੀਦਾ ਹੈ।
36628	861	ਜਨ ਨਾਨਕ ਸੋ ਹਰਿ ਨਾਲਿ ਹੈ ਤੇਰੈ ਹਰਿ ਸਦਾ ਧਿਆਇ ਤੂ ਤੁਧੁ ਲਏ ਛਡਈਐ॥੪॥੫॥	ਛ-ਡਈਐ	Jan Naanak So Har Naal Hai Thaerai Har Sadhaa Dhhiaae Thoo Thudhh Leae Shhaddeeai ||4||5||	O Servant Nanak, that Lord is always with you. Meditate forever on your Lord, and He shall emancipate you. ||4||5||	ਹੇ ਦਾਸ ਨਾਨਕ! (ਆਖ-ਹੇ ਮਨ!) ਉਹ ਪਰਮਾਤਮਾ ਸਦਾ ਤੇਰੇ ਨਾਲ ਵੱਸਦਾ ਹੈ, ਉਸ ਦਾ ਸਦਾ ਧਿਆਨ ਧਰਿਆ ਕਰ, ਤੈਨੂੰ ਉਹ (ਹਰੇਕ ਦੁੱਖ-ਕਲੇਸ਼ ਤੋਂ) ਬਚਾਣ ਵਾਲਾ ਹੈ ॥੪॥੫॥
36629	861	ਗੋਂਡ ਮਹਲਾ ੪॥		Gonadd Mehalaa 4 ||	Gond, Fourth Mehl:	
36630	861	ਹਰਿ ਦਰਸਨ ਕਉ ਮੇਰਾ ਮਨੁ ਬਹੁ ਤਪਤੈ ਜਿਉ ਤ੍ਰਿਖਾਵੰਤੁ ਬਿਨੁ ਨੀਰ॥੧॥		Har Dharasan Ko Maeraa Man Bahu Thapathai Jio Thrikhaavanth Bin Neer ||1||	My mind yearns so deeply for the Blessed Vision of the Lord's Darshan, like the thirsty man without water. ||1||	(ਹੇ ਸਹੇਲੀਏ! ਉਸ ਪ੍ਰੇਮ ਦੇ ਤੀਰ ਦੇ ਕਾਰਨ ਹੁਣ) ਮੇਰਾ ਮਨ ਪਰਮਾਤਮਾ ਦੇ ਦਰਸ਼ਨ ਵਾਸਤੇ (ਇਉਂ) ਲੁਛ ਰਿਹਾ ਹੈ ਜਿਵੇਂ ਪਾਣੀ ਤੋਂ ਬਿਨਾ ਤਿਹਾਇਆ ਮਨੁੱਖ ॥੧॥
36631	861	ਮੇਰੈ ਮਨਿ ਪ੍ਰੇਮੁ ਲਗੋ ਹਰਿ ਤੀਰ॥		Maerai Man Praem Lago Har Theer ||	My mind is pierced through by the arrow of the Lord's Love.	ਹੇ ਭਾਈ! ਪਰਮਾਤਮਾ ਦਾ ਪਿਆਰ ਮੇਰੇ ਮਨ ਵਿਚ ਤੀਰ ਵਾਂਗ ਲੱਗਾ ਹੋਇਆ ਹੈ।

36632	861	ਹਮਰੀ ਬੇਦਨ ਹਰਿ ਪ੍ਰਭੁ ਜਾਨੈ ਮੇਰੇ ਮਨ ਅੰਤਰ ਕੀ ਪੀਰ॥੧॥ਰਹਾਉ॥		Hamaree Baedhan Har Prabh Jaanai Maerae Man Anthar Kee Peer ||1|| Rehaao ||	The Lord God knows my anguish, and the pain deep within my mind. ||1||Pause||	(ਉਸ ਪ੍ਰੇਮ-ਤੀਰ ਦੇ ਕਾਰਨ ਪੈਦਾ ਹੋਈ) ਮੇਰੇ ਮਨ ਦੀ ਅੰਦਰਲੀ ਪੀੜ-ਵੇਦਨਾ ਮੇਰਾ ਹਰੀ ਮੇਰਾ ਪ੍ਰਭੂ ਹੀ ਜਾਣਦਾ ਹੈ ॥੧॥ ਰਹਾਉ ॥
36633	861	ਮੇਰੇ ਹਰਿ ਪ੍ਰੀਤਮ ਕੀ ਕੋਈ ਬਾਤ ਸੁਨਾਵੈ ਸੋ ਭਾਈ ਸੋ ਮੇਰਾ ਬੀਰ॥੨॥		Maerae Har Preetham Kee Koee Baath Sunaavai So Bhaaee So Maeraa Beer ||2||	Whoever tells me the Stories of my Beloved Lord is my Sibling of Destiny, and my friend. ||2||	ਹੇ ਸਹੇਲੀਏ! ਹੁਣ ਜੇ ਕੋਈ ਮਨੁੱਖ ਮੈਨੂੰ ਮੇਰੇ ਪ੍ਰੀਤਮ ਪ੍ਰਭੂ ਦੀ ਕੋਈ ਗੱਲ ਸੁਣਾਵੇ (ਤਾਂ ਮੈਨੂੰ ਇਉਂ ਲੱਗਦਾ ਹੈ ਕਿ) ਉਹ ਮਨੁੱਖ ਮੇਰਾ ਭਰਾ ਹੈ ਮੇਰਾ ਵੀਰ ਹੈ ॥੨॥
36634	862	ਮਿਲੁ ਮਿਲੁ ਸਖੀ ਗੁਣ ਕਹੁ ਮੇਰੇ ਪ੍ਰਭ ਕੇ ਲੇ ਸਤਿਗੁਰ ਕੀ ਮਤਿ ਧੀਰ॥੩॥		Mil Mil Sakhee Gun Kahu Maerae Prabh Kae Lae Sathigur Kee Math Dhheer ||3||	Come, and join together, O my companions; let's sing the Glorious Praises of my God, and follow the comforting advice of the True Guru.. ||3||	ਹੇ ਸਹੇਲੀਏ! ਗੁਰੂ ਦੀ ਸ਼ਾਂਤੀ ਦੇਣ ਵਾਲੀ ਮਤਿ ਲੈ ਕੇ ਮੈਨੂੰ ਭੀ ਮਿਲਿਆ ਕਰ, ਤੇ, ਮੈਨੂੰ ਪਿਆਰੇ ਪ੍ਰਭੂ ਦੀ ਸਿਫ਼ਤਿ-ਸਾਲਾਹ ਸੁਣਾਇਆ ਕਰ ॥੩॥

36635	862	ਜਨ ਨਾਨਕ ਕੀ ਹਰਿ ਆਸ ਪੁਜਾਵਹੁ ਹਰਿ ਦਰਸਨਿ ਸਾਂਤਿ ਸਰੀਰ॥੪॥੬॥ਛਕਾ ੧॥	ਛੇ ਸਬਦਾਂ ਇੱਕ ਛੱਕਾ। ਛੱਕਾ ਇੱਕ ਬੋਲੋ	Jan Naanak Kee Har Aas Pujaavahu Har Dharasan Saanth Sareer ||4||6||	Please fulfill the hopes of servant Nanak, O Lord; his body finds peace and tranquility in the Blessed Vision of the Lord's Darshan. ||4||6||	ਹੇ ਪ੍ਰਭੂ! (ਆਪਣੇ) ਦਾਸ ਨਾਨਕ ਦੀ (ਦਰਸ਼ਨ ਦੀ) ਆਸ ਪੂਰੀ ਕਰ। ਹੇ ਹਰੀ! ਤੇਰੇ ਦਰਸ਼ਨ ਨਾਲ ਮੇਰੇ ਹਿਰਦੇ ਨੂੰ ਠੰਢ ਪੈਂਦੀ ਹੈ ॥੪॥੬॥ਛਕਾ ੧ (ਛੇ ਸ਼ਬਦਾਂ ਦਾ ਸੰਗ੍ਰਹ)॥
36636	862	ਰਾਗੁ ਗੋਂਡ ਮਹਲਾ ੫ ਚਉਪਦੇ ਘਰੁ ੧		Raag Gonadd Mehalaa 5 Choupadhae Ghar 1	Raag Gond, Fifth Mehl, Chau-Padas, First House:	ਰਾਗ ਗੋਂਡ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
36637	862	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
36638	862	ਸਭੁ ਕਰਤਾ ਸਭੁ ਭੁਗਤਾ॥੧॥ਰਹਾਉ॥		Sabh Karathaa Sabh Bhugathaa ||1|| Rehaao ||	He is the Creator of all, He is the Enjoyer of all. ||1||Pause||	ਹੇ ਭਾਈ! ਪਰਮਾਤਮਾ ਹੀ ਹਰੇਕ ਚੀਜ਼ ਪੈਦਾ ਕਰਨ ਵਾਲਾ ਹੈ, (ਤੇ ਸਭ ਵਿਚ ਵਿਆਪਕ ਹੋ ਕੇ ਉਹੀ) ਹਰੇਕ ਚੀਜ਼ ਭੋਗਣ ਵਾਲਾ ਹੈ ॥੧॥ ਰਹਾਉ ॥
36639	862	ਸੁਨਤੋ ਕਰਤਾ ਪੇਖਤ ਕਰਤਾ॥		Sunatho Karathaa Paekhath Karathaa ||	The Creator listens, and the Creator sees.	(ਹੇ ਭਾਈ! ਹਰੇਕ ਵਿਚ ਵਿਆਪਕ ਹੋ ਕੇ) ਪਰਮਾਤਮਾ ਹੀ ਸੁਣਨ ਵਾਲਾ ਹੈ ਪਰਮਾਤਮਾ ਹੀ ਵੇਖਣ ਵਾਲਾ ਹੈ।

36640	862	ਅਦ੍ਰਿਸਟੋ ਕਰਤਾ ਦ੍ਰਿਸਟੋ ਕਰਤਾ॥		Adhrisatto Karathaa Dhrisatto Karathaa ||	The Creator is unseen, and the Creator is seen.	ਜੋ ਕੁਝ ਦਿੱਸ ਰਿਹਾ ਹੈ ਇਹ ਭੀ ਪਰਮਾਤਮਾ (ਦਾ ਰੂਪ) ਹੈ, ਜੋ ਅਨਦਿੱਸਦਾ ਜਗਤ ਹੈ ਉਹ ਭੀ ਪਰਮਾਤਮਾ (ਦਾ ਹੀ ਰੂਪ) ਹੈ।
36641	862	ਓਪਤਿ ਕਰਤਾ ਪਰਲਉ ਕਰਤਾ॥		Oupath Karathaa Paralo Karathaa ||	The Creator forms, and the Creator destroys.	(ਸਾਰੇ ਜਗਤ ਦੀ) ਪੈਦਾਇਸ਼ (ਕਰਨ ਵਾਲਾ ਭੀ) ਪ੍ਰਭੂ ਹੀ ਹੈ, (ਸਭ ਦਾ) ਨਾਸ (ਕਰਨ ਵਾਲਾ ਭੀ) ਪ੍ਰਭੂ ਹੀ ਹੈ।
36642	862	ਬਿਆਪਤ ਕਰਤਾ ਅਲਿਪਤੋ ਕਰਤਾ॥੧॥	ਅ-ਲਿਪਤੋ	Biaapath Karathaa Alipatho Karathaa ||1||	The Creator touches, and the Creator is detached. ||1||	ਸਭਨਾਂ ਵਿਚ ਵਿਆਪਕ ਭੀ ਪ੍ਰਭੂ ਹੀ ਹੈ, (ਅਤੇ ਵਿਆਪਕ ਹੁੰਦਿਆਂ) ਨਿਰਲੇਪ ਭੀ ਪ੍ਰਭੂ ਹੀ ਹੈ ॥੧॥
36643	862	ਬਕਤੋ ਕਰਤਾ ਬੂਝਤ ਕਰਤਾ॥	ਬੂੱਝਤ	Bakatho Karathaa Boojhath Karathaa ||	The Creator is the One who speaks, and the Creator is the One who understands.	(ਹਰੇਕ ਵਿਚ) ਪ੍ਰਭੂ ਹੀ ਬੋਲਣ ਵਾਲਾ ਹੈ, ਪ੍ਰਭੂ ਹੀ ਸਮਝਣ ਵਾਲਾ ਹੈ।
36644	862	ਆਵਤੁ ਕਰਤਾ ਜਾਤੁ ਭੀ ਕਰਤਾ॥		Aavath Karathaa Jaath Bhee Karathaa ||	The Creator comes, and the Creator also goes.	ਜਗਤ ਵਿਚ ਆਉਂਦਾ ਭੀ ਉਹੀ ਹੈ, ਇਥੋਂ ਜਾਂਦਾ ਭੀ ਉਹ ਪ੍ਰਭੂ ਹੀ ਹੈ।
36645	862	ਨਿਰਗੁਨ ਕਰਤਾ ਸਰਗੁਨ ਕਰਤਾ॥		Niragun Karathaa Saragun Karathaa ||	The Creator is absolute and without qualities; the Creator is related, with the most excellent qualities.	ਪ੍ਰਭੂ ਮਾਇਆ ਦੇ ਤਿੰਨ ਗੁਣਾਂ ਤੋਂ ਪਰੇ ਭੀ ਹੈ, ਤਿੰਨ ਗੁਣਾਂ ਸਮੇਤ ਭੀ ਹੈ।

36646	862	ਗੁਰ ਪ੍ਰਸਾਦਿ ਨਾਨਕ ਸਮਦ੍ਰਿਸਟਾ ॥੨॥੧॥		Gur Prasaadh Naanak Samadhrisattaa ||2||1||	By Guru's Grace, Nanak looks upon all the same. ||2||1||	ਹੇ ਨਾਨਕ! ਪਰਮਾਤਮਾ ਨੂੰ ਸਭਨਾਂ ਵਿਚ ਹੀ ਵੇਖਣ ਦੀ ਇਹ ਸੂਝ ਗੁਰੂ ਦੀ ਕਿਰਪਾ ਨਾਲ ਪ੍ਰਾਪਤ ਹੁੰਦੀ ਹੈ ॥੨॥੧॥
36647	862	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	
36648	862	ਫਾਕਿਓ ਮੀਨ ਕਪਿਕ ਕੀ ਨਿਆਈ ਤੂ ਉਰਝਿ ਰਹਿਓ ਕਸੁੰਭਾਇਲੇ॥	(ਕਪਿਕ)ਬਾਂਦਰ। ਕ-ਸੁੰਭਾਇਲੇ। ਇਲੇ	Faakiou Meen Kapik Kee Niaaee Thoo Ourajh Rehiou Kasunbhaaeilae ||	You are caught, like the fish and the monkey; you are entangled in the transitory world.	ਹੇ ਮਨ! ਤੂੰ ਕਸੁੰਭੇ (ਵਾਂਗ ਨਾਸਵੰਤ ਮਾਇਆ ਦੇ ਮੋਹ) ਵਿਚ ਉਲਝਿਆ ਰਹਿੰਦਾ ਹੈਂ, ਜਿਵੇਂ (ਜੀਭ ਦੇ ਸੁਆਦ ਦੇ ਕਾਰਨ) ਮੱਛੀ ਅਤੇ (ਛੋਲਿਆਂ ਦੀ ਮੁੱਠ ਵਾਸਤੇ) ਬਾਂਦਰ।
36649	862	ਪਗ ਧਾਰਹਿ ਸਾਸੁ ਲੇਖੈ ਲੈ ਤਉ ਉਧਰਹਿ ਹਰਿ ਗੁਣ ਗਾਇਲੇ॥੧॥	ਪਗ:ਪੋਲਾ ਬੋਲੋ। ਉਧਰ-ਹਿ। ਗਾਇ-ਲੇ (੨ ਲੇਖੈ ਲੈਤਉ)	Pag Dhhaarehi Saas Laekhai Lai Tho Oudhharehi Har Gun Gaaeilae ||1||	Your foot-steps and your breaths are numbered; only by singing the Glorious Praises of the Lord will you be saved. ||1||	(ਮੋਹ ਵਿਚ ਫਸ ਕੇ ਜਿਤਨੇ ਭੀ) ਕਦਮ ਤੂੰ ਧਰਦਾ ਹੈਂ, ਜੇਹੜਾ ਭੀ ਸਾਹ ਲੈਂਦਾ ਹੈਂ, (ਉਹ ਸਭ ਕੁਝ ਧਰਮਰਾਜ ਦੇ) ਲੇਖੇ ਵਿਚ (ਲਿਖਿਆ ਜਾ ਰਿਹਾ ਹੈ)। ਹੇ ਮਨ! ਪਰਮਾਤਮਾ ਦੇ ਗੁਣ ਗਾਇਆ ਕਰ, ਤਦੋਂ ਹੀ (ਇਸ ਮੋਹ ਵਿਚੋਂ) ਬਚ ਸਕੇਂਗਾ ॥੧॥
36650	862	ਮਨ ਸਮਝੁ ਛੋਡਿ ਆਵਾਇਲੇ॥	ਆ-ਵਾਇਲੇ	Man Samajh Shhodd Aavaaeilae ||	O mind, reform yourself, and forsake your aimless wandering.	ਹੇ ਮਨ! ਹੋਸ਼ ਕਰ, ਅਵੈੜਾ-ਪਨ ਛੱਡ ਦੇ।

36651	862	ਅਪਨੇ ਰਹਨ ਕਉ ਠਉਰੁ ਨ ਪਾਵਹਿ ਕਾਏ ਪਰ ਕੈ ਜਾਇਲੇ॥੧॥ਰਹਾਉ॥	ਜਾਇ-ਲੇ	Apanae Rehan Ko Thour N Paavehi Kaaeae Par Kai Jaaeilae ||1|| Rehaao ||	You have found no place of rest for yourself; so why do you try to teach others? ||1||Pause||	ਆਪਣੇ ਰਹਿਣ ਵਾਸਤੇ ਤੈਨੂੰ (ਇਥੇ) ਪੱਕਾ ਟਿਕਾਣਾ ਨਹੀਂ ਮਿਲ ਸਕਦਾ। ਫਿਰ ਹੋਰਨਾਂ ਦੇ ਧਨ-ਪਦਾਰਥ ਵਲ ਕਿਉਂ ਜਾਂਦਾ ਹੈਂ? ॥੧॥ ਰਹਾਉ ॥
36652	862	ਜਿਉ ਮੈਗਲੁ ਇੰਦ੍ਰੀ ਰਸਿ ਪ੍ਰੇਰਿਓ ਤੂ ਲਾਗਿ ਪਰਿਓ ਕੁਟੰਬਾਇਲੇ॥	ਕ-ਟੁੰਬਾਇਲੇ	Jio Maigal Eindhree Ras Praeriou Thoo Laag Pariou Kuttanbaaeilae ||	Like the elephant, driven by sexual desire, you are attached to your family.	ਹੇ ਮਨ! ਜਿਵੇਂ ਹਾਥੀ ਨੂੰ ਕਾਮ-ਵਾਸਨਾ ਨੇ ਪ੍ਰੇਰ ਰੱਖਿਆ ਹੁੰਦਾ ਹੈ (ਤੇ ਉਹ ਪਰਾਈ ਕੈਦ ਵਿਚ ਫਸ ਜਾਂਦਾ ਹੈ, ਤਿਵੇਂ) ਤੂੰ ਪਰਵਾਰ ਦੇ ਮੋਹ ਵਿਚ ਫਸਿਆ ਪਿਆ ਹੈਂ।
36653	862	ਜਿਉ ਪੰਖੀ ਇਕਤ੍ਰ ਹੋਇ ਫਿਰਿ ਬਿਛੁਰੈ ਥਿਰੁ ਸੰਗਤਿ ਹਰਿ ਹਰਿ ਧਿਆਇਲੇ॥੨॥	ਇ-ਕੱਤ੍ਰ	Jio Pankhee Eikathr Hoe Fir Bishhurai Thhir Sangath Har Har Dhhiaaeilae ||2||	People are like birds that come together, and fly apart again; you shall become stable and steady, only when you meditate on the Lord, Har, Har, in the Company of the Holy. ||2||	(ਪਰ ਤੂੰ ਇਹ ਚੇਤੇ ਨਹੀਂ ਰੱਖਦਾ ਕਿ) ਜਿਵੇਂ ਅਨੇਕਾਂ ਪੰਛੀ (ਕਿਸੇ ਰੁੱਖ ਉਤੇ) ਇਕੱਠੇ ਹੋ ਕੇ (ਰਾਤ ਕੱਟਦੇ ਹਨ, ਦਿਨ ਚੜ੍ਹਨ ਤੇ) ਫਿਰ ਹਰੇਕ ਪੰਛੀ ਵਿਛੜ ਜਾਂਦਾ ਹੈ (ਤਿਵੇਂ ਪਰਵਾਰ ਦਾ ਹਰੇਕ ਜੀਵ ਵਿਛੜ ਜਾਣਾ ਹੈ)। ਸਾਧ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਧਿਆਨ ਧਰਿਆ ਕਰ, ਬੱਸ! ਇਹੀ ਹੈ ਅਟੱਲ ਆਤਮਕ ਟਿਕਾਣਾ ॥੨॥

36654	862	ਜੈਸੇ ਮੀਨੁ ਰਸਨ ਸਾਦਿ ਬਿਨਸਿਓ ਓਹੁ ਮੂਠੌ ਮੂੜ ਲੋਭਾਇਲੇ॥	ਮੂੜ	Jaisae Meen Rasan Saadh Binasiou Ouhu Mootha Moorr Lobhaaeilae ||	Like the fish, which perishes because of its desire to taste, the fool is ruined by his greed.	ਹੇ ਮਨ! ਜਿਵੇਂ ਮੱਛ ਜੀਭ ਦੇ ਸੁਆਦ ਦੇ ਕਾਰਨ ਨਾਸ ਹੋ ਜਾਂਦਾ ਹੈ, ਉਹ ਮੂਰਖ ਲੋਭ ਦੇ ਕਾਰਨ ਲੁੱਟਿਆ ਜਾਂਦਾ ਹੈ,
36655	862	ਤੂ ਹੋਆ ਪੰਚ ਵਾਸਿ ਵੈਰੀ ਕੈ ਛੂਟਹਿ ਪਰੁ ਸਰਨਾਇਲੇ॥੩॥		Thoo Hoaa Panch Vaas Vairee Kai Shhoottehi Par Saranaaeilae ||3||	You have fallen under the power of the five thieves; escape is only possible in the Sanctuary of the Lord. ||3||	ਤੂੰ ਭੀ (ਕਾਮਾਦਿਕ) ਪੰਜ ਵੈਰੀਆਂ ਦੇ ਵੱਸ ਵਿਚ ਪਿਆ ਹੋਇਆ ਹੈਂ। ਹੇ ਮਨ! ਪ੍ਰਭੂ ਦੀ ਸਰਨ ਪਉ, ਤਦੋਂ ਹੀ (ਇਹਨਾਂ ਵੈਰੀਆਂ ਦੇ ਪੰਜੇ ਵਿਚੋਂ) ਨਿਕਲੇਂਗਾ ॥੩॥
36656	862	ਹੋਹੁ ਕ੍ਰਿਪਾਲ ਦੀਨ ਦੁਖਭੰਜਨ ਸਭਿ ਤੁਮ੍ਰੇ ਜੀਅ ਜੰਤਾਇਲੇ॥		Hohu Kirapaal Dheen Dhukh Bhanjan Sabh Thumharae Jeea Janthaaeilae ||	Be Merciful to me, O Destroyer of the pains of the meek; all beings and creatures belong to You.	ਹੇ ਦੀਨਾਂ ਦੇ ਦੁੱਖ ਨਾਸ ਕਰਨ ਵਾਲੇ! (ਅਸਾਂ ਜੀਵਾਂ ਉਤੇ) ਦਇਆਵਾਨ ਹੋ। ਇਹ ਸਾਰੇ ਜੀਅ ਜੰਤ ਤੇਰੇ ਹੀ (ਪੈਦਾ ਕੀਤੇ ਹੋਏ) ਹਨ।
36657	862	ਪਾਵਉ ਦਾਨੁ ਸਦਾ ਦਰਸੁ ਪੇਖਾ ਮਿਲੁ ਨਾਨਕ ਦਾਸ ਦਸਾਇਲੇ॥੪॥੨॥		Paavo Dhaan Sadhaa Dharas Paekhaa Mil Naanak Dhaas Dhasaaeilae ||4||2||	May I obtain the gift of always seeing the Blessed Vision of Your Darshan; meeting with You, Nanak is the slave of Your slaves. ||4||2||	(ਮੈਨੂੰ) ਨਾਨਕ ਨੂੰ, ਜੋ ਤੇਰੇ ਦਾਸਾਂ ਦਾ ਦਾਸ ਹੈ, ਮਿਲ। ਮੈਂ ਸਦਾ ਤੇਰਾ ਦਰਸ਼ਨ ਕਰਦਾ ਰਹਾਂ (ਮੇਹਰ ਕਰ, ਬੱਸ!) ਮੈਂ ਇਹੀ ਖ਼ੈਰ ਹਾਸਲ ਕਰਨਾ ਚਾਹੁੰਦਾ ਹਾਂ ॥੪॥੨॥

36658	862	ਰਾਗੁ ਗੋਂਡ ਮਹਲਾ ੫ ਚਉਪਦੇ ਘਰੁ ੨		Raag Gonadd Mehalaa 5 Choupadhae Ghar 2	Raag Gond, Fifth Mehl, Chau-Padas, Second House:	ਰਾਗ ਗੋਂਡ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
36659	862	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
36660	862	ਜੀਅ ਪ੍ਰਾਨ ਕੀਏ ਜਿਨਿ ਸਾਜਿ॥		Jeea Praan Keeeae Jin Saaj ||	He fashioned the soul and the breath of life,	ਹੇ ਮੂਰਖ! ਜਿਸ ਪ੍ਰਭੂ ਨੇ (ਤੈਨੂੰ) ਪੈਦਾ ਕਰਕੇ ਤੈਨੂੰ ਜਿੰਦ ਦਿੱਤੀ ਤੈਨੂੰ ਪ੍ਰਾਣ ਦਿੱਤੇ,
36661	862	ਮਾਟੀ ਮਹਿ ਜੋਤਿ ਰਖੀ ਨਿਵਾਜਿ॥		Maattee Mehi Joth Rakhee Nivaaj ||	And infused His Light into the dust;	ਜਿਸ ਪ੍ਰਭੂ ਨੇ ਮੇਹਰ ਕਰ ਕੇ ਸਰੀਰ ਵਿਚ (ਆਪਣੀ) ਜੋਤਿ ਰੱਖ ਦਿੱਤੀ ਹੈ,
36662	862	ਬਰਤਨ ਕਉ ਸਭੁ ਕਿਛੁ ਭੋਜਨ ਭੋਗਾਇ॥		Barathan Ko Sabh Kishh Bhojan Bhogaae ||	He exalted you and gave you everything to use, and food to eat and enjoy	ਵਰਤਣ ਵਾਸਤੇ ਤੈਨੂੰ ਹਰੇਕ ਚੀਜ਼ ਦਿੱਤੀ ਹੈ, ਅਤੇ ਅਨੇਕਾਂ ਕਿਸਮਾਂ ਦੇ ਭੋਜਨ ਤੈਨੂੰ ਖਵਾਂਦਾ ਹੈ,
36663	862	ਸੋ ਪ੍ਰਭੁ ਤਜਿ ਮੂੜੇ ਕਤ ਜਾਇ॥੧॥		So Prabh Thaj Moorrae Kath Jaae ||1||	- how can you forsake that God, you fool! Where else will you go? ||1||	ਹੇ ਮੂਰਖ! ਉਸ ਪ੍ਰਭੂ ਨੂੰ ਵਿਸਾਰ ਕੇ (ਤੇਰਾ ਮਨ) ਹੋਰ ਕਿੱਥੇ ਭਟਕਦਾ ਰਹਿੰਦਾ ਹੈ? ॥੧॥
36664	862	ਪਾਰਬ੍ਰਹਮ ਕੀ ਲਾਗਉ ਸੇਵ॥		Paarabreham Kee Laago Saev ||	Commit yourself to the service of the Transcendent Lord.	ਹੇ ਭਾਈ! ਮੈਂ ਤਾਂ ਪਰਮਾਤਮਾ ਦੀ ਭਗਤੀ ਵਿਚ ਲੱਗਣਾ ਚਾਹੁੰਦਾ ਹਾਂ।

36665	862	ਗੁਰ ਤੇ ਸੁਝੈ ਨਿਰੰਜਨ ਦੇਵ॥੧॥ਰਹਾਉ॥		Gur Thae Sujhai Niranjan Dhaev ||1|| Rehaao ||	Through the Guru, one understands the Immaculate, Divine Lord. ||1||Pause||	ਗੁਰੂ ਪਾਸੋਂ ਹੀ ਉਸ ਪ੍ਰਕਾਸ਼-ਰੂਪ ਮਾਇਆ-ਰਹਿਤ ਪ੍ਰਭੂ ਦੀ ਭਗਤੀ ਦੀ ਸੂਝ ਪੈ ਸਕਦੀ ਹੈ ॥੧॥ ਰਹਾਉ ॥
36666	862	ਜਿਨਿ ਕੀਏ ਰੰਗ ਅਨਿਕ ਪਰਕਾਰ॥		Jin Keeeae Rang Anik Parakaar ||	He created plays and dramas of all sorts;	ਹੇ ਮੇਰੇ ਮਨ! ਜਿਸ ਨੇ (ਜਗਤ ਵਿਚ) ਅਨੇਕਾਂ ਕਿਸਮਾਂ ਦੇ ਰੰਗ (-ਰੂਪ) ਪੈਦਾ ਕੀਤੇ ਹੋਏ ਹਨ,
36667	862	ਓਪਤਿ ਪਰਲਉ ਨਿਮਖ ਮਝਾਰ॥		Oupath Paralo Nimakh Majhaar ||	He creates and destroys in an instant;	ਜੇਹੜਾ ਆਪਣੀ ਪੈਦਾ ਕੀਤੀ ਰਚਨਾ ਨੂੰ ਅੱਖ ਦੇ ਫੋਰ ਵਿਚ ਨਾਸ ਕਰ ਸਕਦਾ ਹੈ,
36668	862	ਜਾ ਕੀ ਗਤਿ ਮਿਤਿ ਕਹੀ ਨ ਜਾਇ॥		Jaa Kee Gath Mith Kehee N Jaae ||	His state and condition cannot be described.	ਅਤੇ ਜਿਸ ਦੀ ਬਾਬਤ ਇਹ ਨਹੀਂ ਕਿਹਾ ਜਾ ਸਕਦਾ ਕਿ ਉਹ ਕਿਹੋ ਜਿਹਾ ਹੈ ਅਤੇ ਕੇਡਾ ਵੱਡਾ ਹੈ,
36669	862	ਸੋ ਪ੍ਰਭੁ ਮਨ ਮੇਰੇ ਸਦਾ ਧਿਆਇ॥੨॥		So Prabh Man Maerae Sadhaa Dhhiaae ||2||	Meditate forever on that God, O my mind. ||2||	ਹੇ ਮੇਰੇ ਮਨ! ਸਦਾ ਉਸ ਪ੍ਰਭੂ ਦਾ ਧਿਆਨ ਧਰਿਆ ਕਰ ॥੨॥
36670	862	ਆਇ ਨ ਜਾਵੈ ਨਿਹਚਲੁ ਧਨੀ॥		Aae N Jaavai Nihachal Dhhanee ||	The unchanging Lord does not come or go.	ਹੇ ਮਨ! ਉਹ ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਹ ਨਾਹ ਜੰਮਦਾ ਹੈ ਨਾਹ ਮਰਦਾ ਹੈ।
36671	862	ਬੇਅੰਤ ਗੁਨਾ ਤਾ ਕੇ ਕੇਤਕ ਗਨੀ॥		Baeanth Gunaa Thaa Kae Kaethak Ganee ||	His Glorious Virtues are infinite; how many of them can I count?	ਮੈਂ ਉਸ ਦੇ ਕਿਤਨੇ ਕੁ ਗੁਣ ਗਿਣਾਂ? ਉਹ ਬੇਅੰਤ ਗੁਣਾਂ ਦਾ ਮਾਲਕ ਹੈ।

36672	863	ਲਾਲ ਨਾਮ ਜਾ ਕੈ ਭਰੇ ਭੰਡਾਰ॥		Laal Naam Jaa Kai Bharae Bhanddaar ||	His treasure is overflowing with the rubies of the Name.	ਉਸ ਦੇ ਘਰ ਵਿਚ ਉਸ ਦੇ ਗੁਣਾਂ-ਰੂਪ ਲਾਲਾਂ ਦੇ ਖ਼ਜ਼ਾਨੇ ਭਰੇ ਪਏ ਹਨ।
36673	863	ਸਗਲ ਘਟਾ ਦੇਵੈ ਆਧਾਰ॥੩॥		Sagal Ghattaa Dhaevai Aadhhaar ||3||	He gives Support to all hearts. ||3||	ਉਹ ਪ੍ਰਭੂ ਸਭ ਜੀਵਾਂ ਨੂੰ ਆਸਰਾ ਦੇਂਦਾ ਹੈ ॥੩॥
36674	863	ਸਤਿ ਪੁਰਖੁ ਜਾ ਕੋ ਹੈ ਨਾਉ॥		Sath Purakh Jaa Ko Hai Naao ||	The Name is the True Primal Being;	ਹੇ ਮਨ! ਜਿਸ ਪ੍ਰਭੂ ਦਾ ਨਾਮ (ਹੀ ਦੱਸਦਾ ਹੈ ਕਿ ਉਹ) ਸਦਾ ਕਾਇਮ ਰਹਿਣ ਵਾਲਾ ਹੈ ਅਤੇ ਸਰਬ-ਵਿਆਪਕ ਹੈ,
36675	863	ਮਿਟਹਿ ਕੋਟਿ ਅਘ ਨਿਮਖ ਜਸੁ ਗਾਉ॥		Mittehi Kott Agh Nimakh Jas Gaao ||	Millions of sins are washed away in an instant, singing His Praises.	ਉਸ ਦਾ ਜਸ ਹਰ ਵੇਲੇ ਗਾਇਆ ਕਰ, (ਉਸ ਦੀ ਸਿਫ਼ਤਿ-ਸਾਲਾਹ ਦੀ ਬਰਕਤ ਨਾਲ) ਕ੍ਰੋੜਾਂ ਪਾਪ ਮਿਟ ਜਾਂਦੇ ਹਨ।
36676	863	ਬਾਲ ਸਖਾਈ ਭਗਤਨ ਕੋ ਮੀਤ॥		Baal Sakhaaee Bhagathan Ko Meeth ||	The Lord God is your best friend, your playmate from earliest childhood.	ਉਹ (ਹਰੇਕ ਜੀਵ ਦਾ) ਮੁੱਢ ਦਾ ਸਾਥੀ ਹੈ, ਭਗਤਾਂ ਦਾ ਮਿੱਤਰ ਹੈ,
36677	863	ਪ੍ਰਾਨ ਅਧਾਰ ਨਾਨਕ ਹਿਤ ਚੀਤ॥੪॥੧॥੩॥		Praan Adhhaar Naanak Hith Cheeth ||4||1||3||	He is the Support of the breath of life; O Nanak, He is love, He is consciousness. ||4||1||3||	ਅਤੇ (ਹਰੇਕ ਦੀ) ਜਿੰਦ ਦਾ ਆਸਰਾ ਹੈ। ਹੇ ਨਾਨਕ! ਆਪਣੇ ਚਿੱਤ ਵਿਚ ਉਸ ਪ੍ਰਭੂ ਦਾ ਪਿਆਰ ਪੈਦਾ ਕਰ ॥੪॥੧॥੩॥
36678	863	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	

36679	863	ਨਾਮ ਸੰਗਿ ਕੀਨੋ ਬਿਉਹਾਰੁ॥		Naam Sang Keeno Biouhaar ||	I trade in the Naam, the Name of the Lord.	(ਹੇ ਭਾਈ! ਗੁਰੂ ਦੀ ਕਿਰਪਾ ਨਾਲ ਹੁਣ) ਮੈਂ ਪ੍ਰਭੂ ਦੇ ਨਾਮ ਨਾਲ (ਆਤਮਕ ਜੀਵਨ ਦਾ) ਵਪਾਰ ਕਰ ਰਿਹਾ ਹਾਂ।
36680	863	ਨਾਮੁੋ ਹੀ ਇਸੁ ਮਨ ਕਾ ਅਧਾਰੁ॥	ੴ:ਔਂਕੜ ਹੋੜੇ ਵਿਚਾਲੇ ਬੋਲੋ	Naamuo Hee Eis Man Kaa Adhhaar ||	The Naam is the Support of the mind.	ਪ੍ਰਭੂ ਦਾ ਨਾਮ ਹੀ (ਮੇਰੇ) ਇਸ ਮਨ ਦਾ ਆਸਰਾ ਬਣ ਗਿਆ ਹੈ।
36681	863	ਨਾਮੋ ਹੀ ਚਿਤਿ ਕੀਨੀ ਓਟ॥		Naamo Hee Chith Keenee Outt ||	My consciousness takes to the Shelter of the Naam.	ਨਾਮ ਨੂੰ ਹੀ ਮੈਂ ਆਪਣੇ ਚਿੱਤ ਵਿਚ (ਜੀਵਨ ਦਾ) ਸਹਾਰਾ ਬਣਾ ਲਿਆ ਹੈ।
36682	863	ਨਾਮੁ ਜਪਤ ਮਿਟਹਿ ਪਾਪ ਕੋਟਿ॥੧॥		Naam Japath Mittehi Paap Kott ||1||	Chanting the Naam, millions of sins are erased. ||1||	(ਹੇ ਭਾਈ! ਪ੍ਰਭੂ ਦਾ) ਨਾਮ ਜਪਦਿਆਂ ਕ੍ਰੋੜਾਂ ਪਾਪ ਮਿਟ ਜਾਂਦੇ ਹਨ ॥੧॥
36683	863	ਰਾਸਿ ਦੀਈ ਹਰਿ ਏਕੋ ਨਾਮੁ॥	ਦੀਈ	Raas Dheeee Har Eaeko Naam ||	The Lord has blessed me with the wealth of the Naam, the Name of the One Lord.	ਹੇ ਭਾਈ! ਗੁਰੂ ਨੇ ਮੈਨੂੰ ਪਰਮਾਤਮਾ ਦਾ ਨਾਮ ਹੀ ਸਰਮਾਇਆ ਦਿੱਤਾ ਹੈ (ਤਾ ਕਿ ਮੈਂ ਉੱਚੇ ਆਤਮਕ ਜੀਵਨ ਦਾ ਵਪਾਰ ਕਰ ਸਕਾਂ)।
36684	863	ਮਨ ਕਾ ਇਸਟੁ ਗੁਰ ਸੰਗਿ ਧਿਆਨੁ॥੧॥ਰਹਾਉ ॥		Man Kaa Eisatt Gur Sang Dhhiaan ||1|| Rehaao ||	The wish of my mind is to meditate on the Naam, in association with the Guru. ||1||Pause||	(ਹੁਣ ਪ੍ਰਭੂ ਦਾ ਨਾਮ ਹੀ) ਮੇਰੇ ਮਨ ਦਾ ਸਭ ਤੋਂ ਵੱਡਾ ਪਿਆਰਾ (ਪੂਜਣ-ਜੋਗ ਦੇਵਤਾ ਬਣ ਗਿਆ) ਹੈ। (ਪਰ, ਹੇ ਭਾਈ!) ਗੁਰੂ ਦੀ ਸੰਗਤਿ ਵਿਚ ਰਹਿ ਕੇ ਹੀ ਹਰਿ-ਨਾਮ ਦਾ ਧਿਆਨ ਬਣ ਸਕਦਾ ਹੈ (ਹਰਿ-ਨਾਮ ਵਿਚ ਸੁਰਤ ਜੁੜ ਸਕਦੀ ਹੈ) ॥੧॥ ਰਹਾਉ ॥

36685	863	ਨਾਮੁ ਹਮਾਰੇ ਜੀਅ ਕੀ ਰਾਸਿ॥		Naam Hamaarae Jeea Kee Raas ||	The Naam is the wealth of my soul.	(ਹੇ ਭਾਈ! ਗੁਰੂ ਦੀ ਕਿਰਪਾ ਨਾਲ ਪ੍ਰਭੂ ਦਾ) ਨਾਮ ਮੇਰੀ ਜਿੰਦ ਦਾ ਸਰਮਾਇਆ ਬਣ ਚੁਕਾ ਹੈ,
36686	863	ਨਾਮੋ ਸੰਗੀ ਜਤ ਕਤ ਜਾਤ॥		Naamo Sangee Jath Kath Jaath ||	Wherever I go, the Naam is with me.	ਨਾਮ ਹੀ ਮੇਰਾ ਸਾਥੀ ਹਰ ਥਾਂ ਮੇਰੇ ਨਾਲ ਤੁਰਿਆ ਫਿਰਦਾ ਹੈ।
36687	863	ਨਾਮੋ ਹੀ ਮਨਿ ਲਾਗਾ ਮੀਠਾ॥		Naamo Hee Man Laagaa Meethaa ||	The Naam is sweet to my mind.	ਪ੍ਰਭੂ ਦਾ ਨਾਮ ਹੀ ਮੇਰੇ ਮਨ ਵਿਚ ਮਿੱਠਾ ਲੱਗ ਰਿਹਾ ਹੈ।
36688	863	ਜਲਿ ਥਲਿ ਸਭ ਮਹਿ ਨਾਮੋ ਡੀਠਾ॥੨॥		Jal Thhal Sabh Mehi Naamo Ddeethaa ||2||	In the water, on the land, and everywhere, I see the Naam. ||2||	ਪਾਣੀ ਵਿਚ ਧਰਤੀ ਉਤੇ ਸਭ ਜੀਵਾਂ ਵਿਚ ਮੈਨੂੰ ਹਰਿ-ਨਾਮ ਹੀ (ਹਰੀ ਹੀ) ਦਿੱਸ ਰਿਹਾ ਹੈ ॥੨॥
36689	863	ਨਾਮੇ ਦਰਗਹ ਮੁਖ ਉਜਲੇ॥	ਉੱਜਲੇ	Naamae Dharageh Mukh Oujalae ||	Through the Naam, one's face becomes radiant in the Court of the Lord.	ਹੇ ਭਾਈ! ਨਾਮ ਦੀ ਬਰਕਤ ਨਾਲ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ-ਮਾਣ ਪ੍ਰਾਪਤ ਕਰੀਦਾ ਹੈ,
36690	863	ਨਾਮੇ ਸਗਲੇ ਕੁਲ ਉਧਰੇ॥		Naamae Sagalae Kul Oudhharae ||	Through the Naam, all one's generations are saved.	ਨਾਮ ਦੀ ਰਾਹੀਂ ਸਾਰੀਆਂ ਕੁਲਾਂ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੀਆਂ ਹਨ।
36691	863	ਨਾਮਿ ਹਮਾਰੇ ਕਾਰਜ ਸੀਧ॥		Naam Hamaarae Kaaraj Seedhh ||	Through the Naam, my affairs are resolved.	ਪ੍ਰਭੂ ਦੇ ਨਾਮ ਵਿਚ ਜੁੜਿਆਂ ਮੇਰੇ ਸਾਰੇ ਕੰਮ-ਕਾਰ ਸਫਲ ਹੋ ਰਹੇ ਹਨ।
36692	863	ਨਾਮ ਸੰਗਿ ਇਹੁ ਮਨੂਆ ਗੀਧ॥੩॥		Naam Sang Eihu Manooaa Geedhh ||3||	My mind is accustomed to the Naam. ||3||	ਹੁਣ ਮੇਰਾ ਇਹ ਮਨ ਪਰਮਾਤਮਾ ਦੇ ਨਾਮ ਨਾਲ ਗਿੱਝ ਗਿਆ ਹੈ ॥੩॥

36693	863	ਨਾਮੇ ਹੀ ਹਮ ਨਿਰਭਉ ਭਏ॥		Naamae Hee Ham Nirabho Bheae ||	Through the Naam, I have become fearless.	ਹੇ ਭਾਈ! ਪ੍ਰਭੂ-ਨਾਮ ਦਾ ਸਦਕਾ ਹੀ ਦੁਨੀਆ ਦਾ ਕੋਈ ਡਰ ਪੋਹ ਨਹੀਂ ਸਕਦਾ।
36694	863	ਨਾਮੇ ਆਵਨ ਜਾਵਨ ਰਹੇ॥		Naamae Aavan Jaavan Rehae ||	Through the Naam, my comings and goings have ceased.	ਹਰਿ-ਨਾਮ ਵਿਚ ਜੁੜਿਆਂ ਹੀ ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ।
36695	863	ਗੁਰਿ ਪੂਰੈ ਮੇਲੇ ਗੁਣਤਾਸ॥		Gur Poorai Maelae Gunathaas ||	The Perfect Guru has united me with the Lord, the treasure of virtue.	(ਪਰ) ਪੂਰੇ ਗੁਰੂ ਨੇ (ਹੀ ਸਦਾ) ਗੁਣਾਂ ਦੇ ਖ਼ਜ਼ਾਨੇ ਪ੍ਰਭੂ ਨਾਲ (ਜੀਵਾਂ ਨੂੰ) ਮਿਲਾਇਆ ਹੈ (ਗੁਰੂ ਹੀ ਮਿਲਾਂਦਾ ਹੈ)।
36696	863	ਕਹੁ ਨਾਨਕ ਸੁਖਿ ਸਹਜਿ ਨਿਵਾਸੁ॥੪॥੨॥੪॥		Kahu Naanak Sukh Sehaj Nivaas ||4||2||4||	Says Nanak, I dwell in celestial peace. ||4||2||4||	ਨਾਨਕ ਆਖਦਾ ਹੈ- (ਪ੍ਰਭੂ ਦੇ ਨਾਮ ਦੀ ਬਰਕਤਿ ਨਾਲ) ਆਨੰਦ ਵਿਚ ਆਤਮਕ ਅਡੋਲਤਾ ਵਿਚ ਟਿਕਾਣਾ ਮਿਲ ਜਾਂਦਾ ਹੈ ॥੪॥੨॥੪॥
36697	863	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	
36698	863	ਨਿਮਾਨੇ ਕਉ ਜੋ ਦੇਤੋ ਮਾਨੁ॥		Nimaanae Ko Jo Dhaetho Maan ||	He grants honor to the dishonored,	ਹੇ ਭਾਈ! ਜੇਹੜਾ ਨਿਮਾਣੇ ਨੂੰ ਮਾਣ ਦੇਂਦਾ ਹੈ,
36699	863	ਸਗਲ ਭੂਖੇ ਕਉ ਕਰਤਾ ਦਾਨੁ॥		Sagal Bhookhae Ko Karathaa Dhaan ||	And gives gifts to all the hungry;	ਜੇਹੜਾ ਸਾਰੇ ਭੁੱਖਿਆਂ ਨੂੰ ਰੋਜ਼ੀ ਦੇਂਦਾ ਹੈ,
36700	863	ਗਰਭ ਘੋਰ ਮਹਿ ਰਾਖਨਹਾਰੁ॥		Garabh Ghor Mehi Raakhanehaar ||	He protects those in the terrible womb.	ਅਤੇ ਜੇਹੜਾ ਭਿਆਨਕ ਗਰਭ ਵਿਚ ਰੱਖਿਆ ਕਰਨ ਜੋਗਾ ਹੈ;

36701	863	ਤਿਸੁ ਠਾਕੁਰ ਕਉ ਸਦਾ ਨਮਸਕਾਰੁ॥੧॥		This Thaakur Ko Sadhaa Namasakaar ||1||	So humbly bow forever to that Lord and Master. ||1||	ਉਸ ਮਾਲਕ-ਪ੍ਰਭੂ ਨੂੰ ਸਦਾ ਸਿਰ ਨਿਵਾਇਆ ਕਰ ॥੧॥
36702	863	ਐਸੋ ਪ੍ਰਭੁ ਮਨ ਮਾਹਿ ਧਿਆਇ॥		Aiso Prabh Man Maahi Dhhiaae ||	Meditate on such a God in your mind.	ਹੇ ਭਾਈ! ਆਪਣੇ ਮਨ ਵਿਚ ਉਸ ਪ੍ਰਭੂ ਦਾ ਧਿਆਨ ਧਰਿਆ ਕਰ,
36703	863	ਘਟਿ ਅਵਘਟਿ ਜਤ ਕਤਹਿ ਸਹਾਇ॥੧॥ਰਹਾਉ॥		Ghatt Avaghatt Jath Kathehi Sehaae ||1|| Rehaao ||	He shall be your help and support everywhere, in good times and bad. ||1||Pause||	ਜੇਹੜਾ ਪ੍ਰਭੂ ਸਰੀਰ ਦੇ ਅੰਦਰ ਅਤੇ ਸਰੀਰ ਦੇ ਬਾਹਰ ਹਰ ਥਾਂ ਸਹਾਇਤਾ ਕਰਨ ਵਾਲਾ ਹੈ ॥੧॥ ਰਹਾਉ ॥
36704	863	ਰੰਕੁ ਰਾਉ ਜਾ ਕੈ ਏਕ ਸਮਾਨਿ॥		Rank Raao Jaa Kai Eaek Samaan ||	The beggar and the king are all the same to Him.	(ਹੇ ਭਾਈ! ਉਸ ਪ੍ਰਭੂ ਦਾ ਧਿਆਨ ਧਰਿਆ ਕਰ) ਜਿਸ ਦੀ ਨਿਗਾਹ ਵਿਚ ਇਕ ਕੰਗਾਲ ਮਨੁੱਖ ਅਤੇ ਇਕ ਰਾਜਾ ਇੱਕੋ ਜਿਹੇ ਹਨ,
36705	863	ਕੀਟ ਹਸਤਿ ਸਗਲ ਪੂਰਾਨ॥		Keett Hasath Sagal Pooraan ||	He sustains and fulfills both the ant and the elephant.	ਜੋ ਕੀੜੇ ਹਾਥੀ ਸਭਨਾਂ ਵਿਚ ਹੀ ਵਿਆਪਕ ਹੈ,
36706	863	ਬੀਓ ਪੂਛਿ ਨ ਮਸਲਤਿ ਧਰੈ॥	ਨ ਦੇਲ੍ਹੀ ਦੀਵਾ ਮਸ-ਲਤਿ:ਪੋਲਾ ਬੋਲੋ	Beeou Pooshh N Masalath Dhharai ||	He does not consult or seek anyone's advice.	ਜੇਹੜਾ ਕਿਸੇ ਹੋਰ ਨੂੰ ਪੁੱਛ ਕੇ (ਕੋਈ ਕੰਮ ਕਰਨ ਦੀ) ਸਾਲਾਹ ਨਹੀਂ ਕਰਦਾ,
36707	863	ਜੋ ਕਿਛੁ ਕਰੈ ਸੁ ਆਪਹਿ ਕਰੈ॥੨॥		Jo Kishh Karai S Aapehi Karai ||2||	Whatever He does, He does Himself. ||2||	(ਸਗੋਂ) ਜੋ ਕੁਝ ਕਰਦਾ ਹੈ ਉਹ ਆਪ ਕਰਦਾ ਹੈ ॥੨॥

36708	863	ਜਾ ਕਾ ਅੰਤੁ ਨ ਜਾਨਸਿ ਕੋਇ॥		Jaa Kaa Anth N Jaanas Koe ||	No one knows His limit.	(ਹੇ ਭਾਈ! ਉਸ ਪ੍ਰਭੂ ਦਾ ਧਿਆਨ ਧਰਿਆ ਕਰ) ਜਿਸ (ਦੀ ਹਸਤੀ) ਦਾ ਅੰਤ ਕੋਈ ਭੀ ਜੀਵ ਜਾਣ ਨਹੀਂ ਸਕੇਗਾ।
36709	863	ਆਪੇ ਆਪਿ ਨਿਰੰਜਨੁ ਸੋਇ॥		Aapae Aap Niranjan Soe ||	He Himself is the Immaculate Lord.	ਉਹ ਮਾਇਆ ਤੋਂ ਨਿਰਲੇਪ ਪ੍ਰਭੂ (ਹਰ ਥਾਂ) ਆਪ ਹੀ ਆਪ ਹੈ।
36710	863	ਆਪਿ ਅਕਾਰੁ ਆਪਿ ਨਿਰੰਕਾਰੁ॥		Aap Akaar Aap Nirankaar ||	He Himself is formed, and He Himself is formless.	ਇਹ ਸਾਰਾ ਦਿੱਸਦਾ ਜਗਤ ਉਸ ਦਾ ਆਪਣਾ ਹੀ ਸਰੂਪ ਹੈ, ਆਕਾਰ-ਰਹਿਤ ਭੀ ਉਹ ਆਪ ਹੀ ਹੈ।
36711	863	ਘਟ ਘਟ ਘਟਿ ਸਭ ਘਟ ਆਧਾਰੁ॥੩॥	ਘਟ:ਪੋਲਾ ਬੋਲੋ	Ghatt Ghatt Ghatt Sabh Ghatt Aadhhaar ||3||	In the heart, in each and every heart, He is the Support of all hearts. ||3||	ਉਹ ਪ੍ਰਭੂ ਸਾਰੇ ਸਰੀਰਾਂ ਵਿਚ ਮੌਜੂਦ ਹੈ ਅਤੇ ਸਾਰੇ ਸਰੀਰਾਂ ਦਾ ਆਸਰਾ ਹੈ ॥੩॥
36712	863	ਨਾਮ ਰੰਗਿ ਭਗਤ ਭਏ ਲਾਲ॥		Naam Rang Bhagath Bheae Laal ||	Through the Love of the Naam, the Name of the Lord, the devotees become His Beloveds.	ਹੇ ਭਾਈ! ਪਰਮਾਤਮਾ ਦੀ ਭਗਤੀ ਕਰਨ ਵਾਲੇ ਮਨੁੱਖ ਉਸ ਦੇ ਨਾਮ ਦੇ ਰੰਗ ਵਿਚ ਲਾਲ ਹੋਏ ਰਹਿੰਦੇ ਹਨ।
36713	863	ਜਸੁ ਕਰਤੇ ਸੰਤ ਸਦਾ ਨਿਹਾਲ॥		Jas Karathae Santh Sadhaa Nihaal ||	Singing the Praises of the Creator, the Saints are forever in bliss.	ਉਸ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦੇ ਹੋਏ ਸੰਤ ਜਨ ਸਦਾ ਖਿੜੇ ਰਹਿੰਦੇ ਹਨ।
36714	863	ਨਾਮ ਰੰਗਿ ਜਨ ਰਹੇ ਅਘਾਇ॥		Naam Rang Jan Rehae Aghaae ||	Through the Love of the Naam, the Lord's humble servants remain satisfied.	ਹੇ ਭਾਈ! ਪ੍ਰਭੂ ਦੇ ਸੇਵਕ ਪ੍ਰਭੂ ਦੇ ਨਾਮ ਦੇ ਪ੍ਰੇਮ ਵਿਚ ਟਿਕ ਕੇ ਮਾਇਆ ਦੀ ਤ੍ਰਿਸ਼ਨਾ ਤੋਂ ਬਚੇ ਰਹਿੰਦੇ ਹਨ।

36715	863	ਨਾਨਕ ਤਿਨ ਜਨ ਲਾਗੈ ਪਾਇ॥੪॥੩॥੫॥		Naanak Thin Jan Laagai Paae ||4||3||5||	Nanak falls at the feet of those humble servants of the Lord. ||4||3||5||	ਨਾਨਕ ਉਹਨਾਂ ਸੇਵਕਾਂ ਦੀ ਚਰਨੀਂ ਲੱਗਦਾ ਹੈ ॥੪॥੩॥੫॥
36716	863	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	
36717	863	ਜਾ ਕੈ ਸੰਗਿ ਇਹੁ ਮਨੁ ਨਿਰਮਲੁ॥		Jaa Kai Sang Eihu Man Niramal ||	Associating with them, this mind becomes immaculate and pure.	(ਹੇ ਭਾਈ! ਮੇਰੇ ਮਿੱਤਰ ਤਾਂ ਉਹ ਸੰਤ ਜਨ ਹਨ) ਜਿਨ੍ਹਾਂ ਦੀ ਸੰਗਤਿ ਵਿਚ ਰਿਹਾਂ ਇਹ ਮਨ ਪਵਿੱਤਰ ਹੋ ਜਾਂਦਾ ਹੈ,
36718	863	ਜਾ ਕੈ ਸੰਗਿ ਹਰਿ ਹਰਿ ਸਿਮਰਨੁ॥		Jaa Kai Sang Har Har Simaran ||	Associating with them, one meditates in remembrance on the Lord, Har, Har.	ਜਿਨ੍ਹਾਂ ਦੀ ਸੰਗਤਿ ਵਿਚ ਸਦਾ ਹਰਿ-ਨਾਮ ਦਾ ਸਿਮਰਨ (ਕਰਨ ਦਾ ਮੌਕਾ ਮਿਲਦਾ) ਹੈ,
36719	863	ਜਾ ਕੈ ਸੰਗਿ ਕਿਲਬਿਖ ਹੋਹਿ ਨਾਸ॥		Jaa Kai Sang Kilabikh Hohi Naas ||	Associating with them, all the sins are erased.	ਜਿਨ੍ਹਾਂ ਦੀ ਸੰਗਤਿ ਵਿਚ ਰਿਹਾਂ ਸਾਰੇ ਪਾਪ ਨਾਸ ਹੋ ਜਾਂਦੇ ਹਨ,
36720	863	ਜਾ ਕੈ ਸੰਗਿ ਰਿਦੈ ਪਰਗਾਸ॥੧॥		Jaa Kai Sang Ridhai Paragaas ||1||	Associating with them, the heart is illumined. ||1||	ਅਤੇ ਜਿਨ੍ਹਾਂ ਦੀ ਸੰਗਤਿ ਵਿਚ ਟਿਕਿਆਂ ਹਿਰਦੇ ਵਿਚ (ਸੁੱਚੇ ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ ॥੧॥
36721	863	ਸੇ ਸੰਤਨ ਹਰਿ ਕੇ ਮੇਰੇ ਮੀਤ॥		Sae Santhan Har Kae Maerae Meeth ||	Those Saints of the Lord are my friends.	ਹੇ ਭਾਈ! ਮੇਰੇ ਮਿੱਤਰ ਤਾਂ ਪ੍ਰਭੂ ਦੇ ਉਹ ਸੰਤ ਜਨ ਹਨ,

36722	863	ਕੇਵਲ ਨਾਮੁ ਗਾਈਐ ਜਾ ਕੈ ਨੀਤ॥੧॥ਰਹਾਉ॥		Kaeval Naam Gaaeeai Jaa Kai Neeth ||1|| Rehaao ||	It is their custom to sing only the Naam, the Name of the Lord. ||1||Pause||	ਜਿਨ੍ਹਾਂ ਦੀ ਸੰਗਤਿ ਵਿਚ ਸਦਾ ਸਿਰਫ਼ ਹਰਿ-ਨਾਮ ਗਾਇਆ ਜਾਂਦਾ ਹੈ ॥੧॥ ਰਹਾਉ ॥
36723	863	ਜਾ ਕੈ ਮੰਤ੍ਰਿ ਹਰਿ ਹਰਿ ਮਨਿ ਵਸੈ॥	ਵਸ:ਪੋਲਾ ਬੋਲੋ	Jaa Kai Manthr Har Har Man Vasai ||	By their mantra, the Lord, Har, Har, dwells in the mind.	ਜਿਨ੍ਹਾਂ ਦੇ ਉਪਦੇਸ਼ ਦੀ ਬਰਕਤ ਨਾਲ ਪਰਮਾਤਮਾ ਦਾ ਨਾਮ ਮਨ ਵਿਚ ਆ ਵੱਸਦਾ ਹੈ,
36724	863	ਜਾ ਕੈ ਉਪਦੇਸਿ ਭਰਮੁ ਭਉ ਨਸੈ॥	ਨੱਸੈ	Jaa Kai Oupadhaes Bharam Bho Nasai ||	By their teachings, doubt and fear are dispelled.	ਜਿਨ੍ਹਾਂ ਦੇ ਉਪਦੇਸ਼ ਨਾਲ (ਮਨ ਵਿਚੋਂ) ਹਰੇਕ ਡਰ ਹਰੇਕ ਭਰਮ-ਵਹਿਮ ਦੂਰ ਹੋ ਜਾਂਦਾ ਹੈ,
36725	863	ਜਾ ਕੈ ਕੀਰਤਿ ਨਿਰਮਲ ਸਾਰ॥		Jaa Kai Keerath Niramal Saar ||	By their kirtan, they become immaculate and sublime.	ਜਿਨ੍ਹਾਂ ਦੇ ਹਿਰਦੇ ਵਿਚ ਸ੍ਰੇਸ਼ਟ ਅਤੇ ਪਵਿੱਤਰ ਕਰਨ ਵਾਲੀ ਹਰਿ-ਕੀਰਤੀ ਵੱਸਦੀ ਰਹਿੰਦੀ ਹੈ,
36726	863	ਜਾ ਕੀ ਰੇਨੁ ਬਾਂਛੈ ਸੰਸਾਰ॥੨॥		Jaa Kee Raen Baanshhai Sansaar ||2||	The world longs for the dust of their feet. ||2||	ਅਤੇ ਜਿਨ੍ਹਾਂ ਦੀ ਚਰਨ-ਧੂੜ ਸਾਰਾ ਜਗਤ ਲੋੜਦਾ ਰਹਿੰਦਾ ਹੈ, (ਹੇ ਭਾਈ! ਉਹ ਸੰਤ ਜਨ ਮੇਰੇ ਮਿੱਤਰ ਹਨ) ॥੨॥
36727	863	ਕੋਟਿ ਪਤਿਤ ਜਾ ਕੈ ਸੰਗਿ ਉਧਾਰ॥		Kott Pathith Jaa Kai Sang Oudhhaar ||	Millions of sinners are saved by associating with them.	(ਹੇ ਭਾਈ! ਉਹ ਸੰਤ ਜਨ ਮੇਰੇ ਮਿੱਤਰ ਹਨ) ਜਿਨ੍ਹਾਂ ਦੀ ਸੰਗਤਿ ਵਿਚ ਰਹਿ ਕੇ ਕ੍ਰੋੜਾਂ ਵਿਕਾਰੀਆਂ ਦਾ (ਵਿਕਾਰਾਂ ਵਲੋਂ) ਨਿਸਤਾਰਾ ਹੋ ਜਾਂਦਾ ਹੈ,
36728	863	ਏਕੁ ਨਿਰੰਕਾਰੁ ਜਾ ਕੈ ਨਾਮ ਅਧਾਰ॥		Eaek Nirankaar Jaa Kai Naam Adhhaar ||	They have the Support of the Name of the One Formless Lord.	ਜਿਨ੍ਹਾਂ ਦੇ ਹਿਰਦੇ ਵਿਚ (ਹਰ ਵੇਲੇ) ਕੇਵਲ ਪਰਮਾਤਮਾ ਹੀ ਵੱਸਦਾ ਹੈ,

36729	863	ਸਰਬ ਜੀਆਂ ਕਾ ਜਾਨੈ ਭੇਉ॥		Sarab Jeeaaan Kaa Jaanai Bhaeo ||	He knows the secrets of all beings;	ਜਿਨ੍ਹਾਂ ਦੇ ਅੰਦਰ ਉਸ ਪਰਮਾਤਮਾ ਦੇ ਨਾਮ ਦਾ ਆਸਰਾ ਬਣਿਆ ਰਹਿੰਦਾ ਹੈ ਜੋ ਸਾਰੇ ਜੀਵਾਂ (ਦੇ ਦਿਲ) ਦਾ ਭੇਤ ਜਾਣਦਾ ਹੈ,
36730	863	ਕ੍ਰਿਪਾਨਿਧਾਨ ਨਿਰੰਜਨ ਦੇਉ॥੩॥		Kirapaa Nidhhaan Niranjan Dhaeo ||3||	He is the treasure of mercy, the divine immaculate Lord. ||3||	ਜੋ ਕਿਰਪਾ ਦਾ ਖ਼ਜ਼ਾਨਾ ਹੈ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ ਅਤੇ ਜੋ ਪ੍ਰਕਾਸ਼-ਰੂਪ ਹੈ ॥੩॥
36731	863	ਪਾਰਬ੍ਰਹਮ ਜਬ ਭਏ ਕ੍ਰਿਪਾਲ॥		Paarabreham Jab Bheae Kirapaal ||	When the Supreme Lord God becomes merciful,	(ਹੇ ਭਾਈ!) ਜਦੋਂ ਪ੍ਰਭੂ ਜੀ ਦਇਆਵਾਨ ਹੁੰਦੇ ਹਨ,
36732	863	ਤਬ ਭੇਟੇ ਗੁਰ ਸਾਧ ਦਇਆਲ॥		Thab Bhaettae Gur Saadhh Dhaeiaal ||	Then one meets the Merciful Holy Guru.	ਤਦੋਂ ਇਹੋ ਜਿਹੇ ਦਿਆਲ ਸੰਤ ਜਨ ਮਿਲਦੇ ਹਨ ਤਦੋਂ ਸਤਿਗੁਰੂ ਜੀ ਮਿਲਦੇ ਹਨ।
36733	864	ਦਿਨੁ ਰੈਣਿ ਨਾਨਕੁ ਨਾਮੁ ਧਿਆਏ॥		Dhin Rain Naanak Naam Dhhiaaeae ||	Day and night, Nanak meditates on the Naam.	(ਹੇ ਭਾਈ! ਇਹੋ ਜਿਹੇ ਸੰਤ ਜਨਾਂ ਦੀ ਸੰਗਤਿ ਵਿਚ) ਨਾਨਕ ਦਿਨ ਰਾਤ ਪਰਮਾਤਮਾ ਦਾ ਨਾਮ ਸਿਮਰਦਾ ਹੈ,
36734	864	ਸੂਖ ਸਹਜ ਆਨੰਦ ਹਰਿ ਨਾਏ॥੪॥੪॥੬॥		Sookh Sehaj Aanandh Har Naaeae ||4||4||6||	Through the Lord's Name, he is blessed with peace, poise and bliss. ||4||4||6||	ਅਤੇ ਹਰਿ-ਨਾਮ ਦੀ ਬਰਕਤ ਨਾਲ (ਨਾਨਕ ਦੇ ਹਿਰਦੇ ਵਿਚ) ਆਤਮਕ ਅਡੋਲਤਾ ਦੇ ਸੁਖ ਆਨੰਦ ਬਣੇ ਰਹਿੰਦੇ ਹਨ ॥੪॥੪॥੬॥
36735	864	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	

36736	864	ਗੁਰ ਕੀ ਮੂਰਤਿ ਮਨ ਮਹਿ ਧਿਆਨੁ॥		Gur Kee Moorath Man Mehi Dhhiaan ||	Meditate on the image of the Guru within your mind;	(ਹੇ ਭਾਈ! ਗੁਰੂ ਦਾ ਸ਼ਬਦ ਹੀ ਗੁਰੂ ਦੀ ਮੂਰਤੀ ਹੈ) ਗੁਰੂ ਦੀ (ਇਸ) ਮੂਰਤੀ ਦਾ (ਮੇਰੇ) ਮਨ ਵਿਚ ਧਿਆਨ ਟਿਕਿਆ ਰਹਿੰਦਾ ਹੈ।
36737	864	ਗੁਰ ਕੈ ਸਬਦਿ ਮੰਤ੍ਰੁ ਮਨੁ ਮਾਨ॥		Gur Kai Sabadh Manthra Man Maan ||	Let your mind accept the Word of the Guru's Shabad, and His Mantra.	ਗੁਰੂ ਦੇ ਸ਼ਬਦ ਦੀ ਰਾਹੀਂ ਮੇਰਾ ਮਨ ਨਾਮ-ਮੰਤ੍ਰ ਨੂੰ (ਸਭ ਮੰਤ੍ਰਾਂ ਤੋਂ ਸ੍ਰੇਸ਼ਟ ਮੰਤ੍ਰ) ਮੰਨ ਰਿਹਾ ਹੈ।
36738	864	ਗੁਰ ਕੇ ਚਰਨ ਰਿਦੈ ਲੈ ਧਾਰਉ॥		Gur Kae Charan Ridhai Lai Dhhaaro ||	Enshrine the Guru's feet within your heart.	(ਤਾਹੀਏਂ, ਹੇ ਭਾਈ!) ਗੁਰੂ ਦੇ ਚਰਨ ਆਪਣੇ ਹਿਰਦੇ ਵਿਚ ਲੈ ਕੇ ਵਸਾਈ ਰੱਖਦਾ ਹਾਂ।
36739	864	ਗੁਰੁ ਪਾਰਬ੍ਰਹਮੁ ਸਦਾ ਨਮਸਕਾਰਉ॥੧॥		Gur Paarabreham Sadhaa Namasakaaro ||1||	Bow in humility forever before the Guru, the Supreme Lord God. ||1||	ਮੈਂ ਤਾਂ ਗੁਰੂ (ਨੂੰ) ਪਰਮਾਤਮਾ (ਦਾ ਰੂਪ ਜਾਣ ਕੇ ਉਸ) ਨੂੰ ਸਦਾ ਨਮਸਕਾਰ ਕਰਦਾ ਹਾਂ ॥੧॥
36740	864	ਮਤ ਕੋ ਭਰਮਿ ਭੁਲੈ ਸੰਸਾਰਿ॥		Math Ko Bharam Bhulai Sansaar ||	Let no one wander in doubt in the world.	ਹੇ ਭਾਈ! ਦੁਨੀਆ ਵਿਚ ਕਿਤੇ ਕੋਈ ਮਨੁੱਖ ਭਟਕਣਾ ਵਿਚ ਪੈ ਕੇ (ਇਹ ਗੱਲ) ਨਾਹ ਭੁੱਲ ਜਾਏ,
36741	864	ਗੁਰ ਬਿਨੁ ਕੋਇ ਨ ਉਤਰਸਿ ਪਾਰਿ॥੧॥ਰਹਾਉ॥		Gur Bin Koe N Outharas Paar ||1|| Rehaao ||	Without the Guru, no one can cross over. ||1||Pause||	ਕਿ ਗੁਰੂ ਤੋਂ ਬਿਨਾ ਕੋਈ ਭੀ ਜੀਵ (ਸੰਸਾਰ-ਸਮੁੰਦਰ ਤੋਂ) ਪਾਰ ਨਹੀਂ ਲੰਘ ਸਕੇਗਾ ॥੧॥ ਰਹਾਉ ॥
36742	864	ਭੂਲੇ ਕਉ ਗੁਰਿ ਮਾਰਗਿ ਪਾਇਆ॥		Bhoolae Ko Gur Maarag Paaeiaa ||	The Guru shows the Path to those who have wandered off.	ਹੇ ਭਾਈ! ਕੁਰਾਹੇ ਜਾ ਰਹੇ ਮਨੁੱਖ ਨੂੰ ਗੁਰੂ ਨੇ (ਹੀ ਸਹੀ ਜੀਵਨ ਦੇ) ਰਸਤੇ ਉਤੇ (ਸਦਾ) ਪਾਇਆ ਹੈ,

36743	864	ਅਵਰ ਤਿਆਗਿ ਹਰਿ ਭਗਤੀ ਲਾਇਆ॥		Avar Thiaag Har Bhagathee Laaeiaa ||	He leads them to renounce others, and attaches them to devotional worship of the Lord.	ਹੋਰ (ਦੇਵੀ ਦੇਵਤਿਆਂ ਦੀ ਭਗਤੀ) ਛਡਾ ਕੇ ਪਰਮਾਤਮਾ ਦੀ ਭਗਤੀ ਵਿਚ ਜੋੜਿਆ ਹੈ।
36744	864	ਜਨਮ ਮਰਨ ਕੀ ਤ੍ਰਾਸ ਮਿਟਾਈ॥		Janam Maran Kee Thraas Mittaaee ||	He obliterates the fear of birth and death.	(ਤੇ, ਇਸ ਤਰ੍ਹਾਂ ਉਸ ਦੇ ਅੰਦਰੋਂ) ਜਨਮ ਮਰਨ ਦੇ ਗੇੜ ਦਾ ਸਹਿਮ ਮੁਕਾ ਦਿੱਤਾ ਹੈ।
36745	864	ਗੁਰ ਪੂਰੇ ਕੀ ਬੇਅੰਤ ਵਡਾਈ॥੨॥		Gur Poorae Kee Baeanth Vaddaaee ||2||	The glorious greatness of the Perfect Guru is endless. ||2||	ਹੇ ਭਾਈ! ਪੂਰੇ ਗੁਰੂ ਦੀ ਵਡਿਆਈ ਦਾ ਅੰਤ ਨਹੀਂ ਪੈ ਸਕਦਾ ॥੨॥
36746	864	ਗੁਰ ਪ੍ਰਸਾਦਿ ਊਰਧ ਕਮਲ ਬਿਗਾਸ॥		Gur Prasaadh Ooradhh Kamal Bigaas ||	By Guru's Grace, the inverted heart-lotus blossoms forth,	ਹੇ ਭਾਈ! (ਮਾਇਆ ਵਲ) ਉਲਟਿਆ ਹੋਇਆ ਹਿਰਦਾ-ਕੌਲ ਗੁਰੂ ਦੀ ਕਿਰਪਾ ਨਾਲ (ਪਰਤ ਕੇ) ਖਿੜ ਪੈਂਦਾ ਹੈ।
36747	864	ਅੰਧਕਾਰ ਮਹਿ ਭਇਆ ਪ੍ਰਗਾਸ॥		Andhhakaar Mehi Bhaeiaa Pragaas ||	And the Light shines forth in the darkness.	(ਮਾਇਆ ਦੇ ਮੋਹ ਦੇ) ਘੁੱਪ ਹਨੇਰੇ ਵਿਚ (ਸਹੀ ਉੱਚੇ ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ।
36748	864	ਜਿਨਿ ਕੀਆ ਸੋ ਗੁਰ ਤੇ ਜਾਨਿਆ॥		Jin Keeaa So Gur Thae Jaaniaa ||	Through the Guru, know the One who created you.	ਗੁਰੂ ਦੀ ਰਾਹੀਂ ਉਸ ਪਰਮਾਤਮਾ ਨਾਲ ਜਾਣ-ਪਛਾਣ ਬਣ ਜਾਂਦੀ ਹੈ ਜਿਸ ਨੇ (ਇਹ ਸਾਰਾ ਜਗਤ) ਪੈਦਾ ਕੀਤਾ ਹੈ।

36749	864	ਗੁਰ ਕਿਰਪਾ ਤੇ ਮੁਗਧ ਮਨੁ ਮਾਨਿਆ॥੩॥		Gur Kirapaa Thae Mugadhh Man Maaniaa ||3||	By the Guru's Mercy, the foolish mind comes to believe. ||3||	(ਇਹ) ਮੂਰਖ ਮਨ ਗੁਰੂ ਦੀ ਕਿਰਪਾ ਨਾਲ (ਪ੍ਰਭੂ-ਚਰਨਾਂ ਵਿਚ ਜੁੜਨਾ) ਗਿੱਝ ਜਾਂਦਾ ਹੈ ॥੩॥
36750	864	ਗੁਰੁ ਕਰਤਾ ਗੁਰੁ ਕਰਣੈ ਜੋਗੁ॥		Gur Karathaa Gur Karanai Jog ||	The Guru is the Creator; the Guru has the power to do everything.	ਹੇ ਭਾਈ! ਗੁਰੂ (ਆਤਮਕ ਅਵਸਥਾ ਵਿਚ ਕਰਤਾਰ ਨਾਲ ਇਕ-ਸੁਰ ਹੋਣ ਕਰਕੇ ਉਸ) ਕਰਤਾਰ ਦਾ ਰੂਪ ਹੈ ਜੋ ਸਭ ਕੁਝ ਕਰਨ ਦੇ ਸਮਰਥ ਹੈ।
36751	864	ਗੁਰੁ ਪਰਮੇਸਰੁ ਹੈ ਭੀ ਹੋਗੁ॥		Gur Paramaesar Hai Bhee Hog ||	The Guru is the Transcendent Lord; He is, and always shall be.	ਗੁਰੂ ਉਸ ਪਰਮੇਸਰ ਦਾ ਰੂਪ ਹੈ, ਜੋ (ਪਹਿਲਾਂ ਭੀ ਮੌਜੂਦ ਸੀ) ਹੁਣ ਭੀ ਮੌਜੂਦ ਹੈ ਅਤੇ ਸਦਾ ਕਾਇਮ ਰਹੇਗਾ।
36752	864	ਕਹੁ ਨਾਨਕ ਪ੍ਰਭਿ ਇਹੈ ਜਨਾਈ॥		Kahu Naanak Prabh Eihai Janaaee ||	Says Nanak, God has inspired me to know this.	ਨਾਨਕ ਆਖਦਾ ਹੈ- ਪ੍ਰਭੂ ਨੇ ਮੈਨੂੰ ਇਹੀ ਗੱਲ ਸਮਝਾਈ ਹੈ (ਕਿ)
36753	864	ਬਿਨੁ ਗੁਰ ਮੁਕਤਿ ਨ ਪਾਈਐ ਭਾਈ॥੪॥੫॥੭॥		Bin Gur Mukath N Paaeeai Bhaaee ||4||5||7||	Without the Guru, liberation is not obtained, O Siblings of Destiny. ||4||5||7||	ਗੁਰੂ (ਦੀ ਸਰਨ ਪੈਣ) ਤੋਂ ਬਿਨਾ (ਮਾਇਆ ਦੇ ਮੋਹ ਦੇ ਅੰਧਕਾਰ ਤੋਂ) ਖ਼ਲਾਸੀ ਨਹੀਂ ਹੋ ਸਕਦੀ ॥੪॥੫॥੭॥
36754	864	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	
36755	864	ਗੁਰੂ ਗੁਰੂ ਗੁਰੁ ਕਰਿ ਮਨ ਮੋਰ॥		Guroo Guroo Gur Kar Man Mor ||	Chant Guru, Guru, Guru, O my mind.	ਹੇ ਮੇਰੇ ਮਨ! ਹਰ ਵੇਲੇ ਗੁਰੂ (ਦੇ ਉਪਦੇਸ਼) ਨੂੰ ਚੇਤੇ ਰੱਖ,

36756	864	ਗੁਰੂ ਬਿਨਾ ਮੈ ਨਾਹੀ ਹੋਰ॥		Guroo Binaa Mai Naahee Hor ||	I have no other than the Guru.	ਮੈਨੂੰ ਗੁਰੂ ਤੋਂ ਬਿਨਾ ਕੋਈ ਹੋਰ ਆਸਰਾ ਨਹੀਂ ਸੁੱਝਦਾ।
36757	864	ਗੁਰ ਕੀ ਟੇਕ ਰਹਹੁ ਦਿਨੁ ਰਾਤਿ॥		Gur Kee Ttaek Rehahu Dhin Raath ||	I lean upon the Support of the Guru, day and night.	ਹੇ ਮਨ! ਉਸ ਗੁਰੂ ਦੇ ਆਸਰੇ ਦਿਨ ਰਾਤ ਟਿਕਿਆ ਰਹੁ,
36758	864	ਜਾ ਕੀ ਕੋਇ ਨ ਮੇਟੈ ਦਾਤਿ॥੧॥		Jaa Kee Koe N Maettai Dhaath ||1||	No one can decrease His bounty. ||1||	ਜਿਸ ਗੁਰੂ ਦੀ ਬਖ਼ਸ਼ੀ ਹੋਈ ਆਤਮਕ ਜੀਵਨ ਦੀ ਦਾਤ ਨੂੰ ਕੋਈ ਮਿਟਾ ਨਹੀਂ ਸਕਦਾ ॥੧॥
36759	864	ਗੁਰੁ ਪਰਮੇਸਰੁ ਏਕੋ ਜਾਣੁ॥		Gur Paramaesar Eaeko Jaan ||	Know that the Guru and the Transcendent Lord are One.	ਹੇ ਭਾਈ! ਗੁਰੂ ਅਤੇ ਪਰਮਾਤਮਾ ਨੂੰ ਇੱਕ ਰੂਪ ਸਮਝੋ।
36760	864	ਜੋ ਤਿਸੁ ਭਾਵੈ ਸੋ ਪਰਵਾਣੁ॥੧॥ਰਹਾਉ ॥		Jo This Bhaavai So Paravaan ||1|| Rehaao ||	Whatever pleases Him is acceptable and approved. ||1||Pause||	ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ, ਉਹੀ ਗੁਰੂ ਭੀ (ਸਿਰ-ਮੱਥੇ) ਕਬੂਲ ਕਰਦਾ ਹੈ ॥੧॥ ਰਹਾਉ ॥
36761	864	ਗੁਰ ਚਰਣੀ ਜਾ ਕਾ ਮਨੁ ਲਾਗੈ॥		Gur Charanee Jaa Kaa Man Laagai ||	One whose mind is attached to the Guru's feet	ਹੇ ਮੇਰੇ ਮਨ! ਜਿਸ ਮਨੁੱਖ ਦਾ ਮਨ ਗੁਰੂ ਦੇ ਚਰਨਾਂ ਵਿਚ ਟਿਕਿਆ ਰਹਿੰਦਾ ਹੈ,
36762	864	ਦੂਖੁ ਦਰਦੁ ਭ੍ਰਮੁ ਤਾ ਕਾ ਭਾਗੈ॥		Dhookh Dharadh Bhram Thaa Kaa Bhaagai ||	His pains, sufferings and doubts run away.	ਉਸ ਦੀ ਹਰੇਕ ਭਟਕਣਾ ਹਰੇਕ ਦੁੱਖ ਦਰਦ ਦੂਰ ਹੋ ਜਾਂਦਾ ਹੈ।
36763	864	ਗੁਰ ਕੀ ਸੇਵਾ ਪਾਏ ਮਾਨੁ॥		Gur Kee Saevaa Paaeae Maan ||	Serving the Guru, honor is obtained.	ਹੇ ਮਨ! ਗੁਰੂ ਦੀ ਸਰਨ ਪੈ ਕੇ ਮਨੁੱਖ (ਹਰ ਥਾਂ) ਆਦਰ ਹਾਸਲ ਕਰਦਾ ਹੈ।

36764	864	ਗੁਰ ਊਪਰਿ ਸਦਾ ਕੁਰਬਾਨੁ॥੨॥		Gur Oopar Sadhaa Kurabaan ||2||	I am forever a sacrifice to the Guru. ||2||	ਹੇ ਮੇਰੇ ਮਨ! ਗੁਰੂ ਤੋਂ ਸਦਾ ਸਦਕੇ ਹੋ ॥੨॥
36765	864	ਗੁਰ ਕਾ ਦਰਸਨੁ ਦੇਖਿ ਨਿਹਾਲ॥		Gur Kaa Dharasan Dhaekh Nihaal ||	Gazing upon the Blessed Vision of the Guru's Darshan, I am exalted.	ਹੇ ਮੇਰੇ ਮਨ! ਗੁਰੂ ਦਾ ਦਰਸ਼ਨ ਕਰ ਕੇ (ਮਨੁੱਖ ਦਾ ਤਨ ਮਨ) ਖਿੜ ਜਾਂਦਾ ਹੈ।
36766	864	ਗੁਰ ਕੇ ਸੇਵਕ ਕੀ ਪੂਰਨ ਘਾਲ॥		Gur Kae Saevak Kee Pooran Ghaal ||	The work of the Guru's servant is perfect.	ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਦੀ ਮੇਹਨਤ ਸਫਲ ਹੋ ਜਾਂਦੀ ਹੈ।
36767	864	ਗੁਰ ਕੇ ਸੇਵਕ ਕਉ ਦੁਖੁ ਨ ਬਿਆਪੈ॥		Gur Kae Saevak Ko Dhukh N Biaapai ||	Pain does not afflict the Guru's servant.	ਕੋਈ ਭੀ ਦੁੱਖ ਗੁਰੂ ਦੇ ਸੇਵਕ ਉਤੇ (ਆਪਣਾ) ਜ਼ੋਰ ਨਹੀਂ ਪਾ ਸਕਦਾ।
36768	864	ਗੁਰ ਕਾ ਸੇਵਕੁ ਦਹ ਦਿਸਿ ਜਾਪੈ॥੩॥		Gur Kaa Saevak Dheh Dhis Jaapai ||3||	The Guru's servant is famous in the ten directions. ||3||	ਗੁਰੂ ਦੀ ਸਰਨ ਰਹਿਣ ਵਾਲਾ ਮਨੁੱਖ ਸਾਰੇ ਸੰਸਾਰ ਵਿਚ ਪਰਗਟ ਹੋ ਜਾਂਦਾ ਹੈ ॥੩॥
36769	864	ਗੁਰ ਕੀ ਮਹਿਮਾ ਕਥਨੁ ਨ ਜਾਇ॥		Gur Kee Mehimaa Kathhan N Jaae ||	The Guru's glory cannot be described.	ਹੇ ਭਾਈ! ਗੁਰੂ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ।
36770	864	ਪਾਰਬ੍ਰਹਮੁ ਗੁਰੁ ਰਹਿਆ ਸਮਾਇ॥		Paarabreham Gur Rehiaa Samaae ||	The Guru remains absorbed in the Supreme Lord God.	ਗੁਰੂ ਉਸ ਪਰਮਾਤਮਾ ਦਾ ਰੂਪ ਹੈ, ਜੋ ਹਰ ਥਾਂ ਵਿਆਪਕ ਹੈ।
36771	864	ਕਹੁ ਨਾਨਕ ਜਾ ਕੇ ਪੂਰੇ ਭਾਗ॥		Kahu Naanak Jaa Kae Poorae Bhaag ||	Says Nanak, one who is blessed with perfect destiny	ਨਾਨਕ ਆਖਦਾ ਹੈ- ਜਿਸ ਮਨੁੱਖ ਦੇ ਵੱਡੇ ਭਾਗ ਜਾਗਦੇ ਹਨ,

36772	864	ਗੁਰ ਚਰਣੀ ਤਾ ਕਾ ਮਨੁ ਲਾਗ ॥੪॥੬॥੮॥		Gur Charanee Thaa Kaa Man Laag ||4||6||8||	- his mind is attached to the Guru's feet. ||4||6||8||	ਉਸ ਦਾ ਮਨ ਗੁਰੂ ਦੇ ਚਰਨਾਂ ਵਿਚ ਟਿਕਿਆ ਰਹਿੰਦਾ ਹੈ ॥੪॥੬॥੮॥
36773	864	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	
36774	864	ਗੁਰੁ ਮੇਰੀ ਪੂਜਾ ਗੁਰੁ ਗੋਬਿੰਦੁ॥		Gur Maeree Poojaa Gur Gobindh ||	I worship and adore my Guru; the Guru is the Lord of the Universe.	ਹੇ ਭਾਈ! (ਮੇਰਾ) ਗੁਰੂ (ਗੁਰੂ ਦੀ ਸਰਨ ਹੀ) ਮੇਰੇ ਵਾਸਤੇ (ਦੇਵ-) ਪੂਜਾ ਹੈ, (ਮੇਰਾ) ਗੁਰੂ ਗੋਬਿੰਦ (ਦਾ ਰੂਪ) ਹੈ।
36775	864	ਗੁਰੁ ਮੇਰਾ ਪਾਰਬ੍ਰਹਮੁ ਗੁਰੁ ਭਗਵੰਤੁ॥		Gur Maeraa Paarabreham Gur Bhagavanth ||	My Guru is the Supreme Lord God; the Guru is the Lord God.	ਮੇਰਾ ਗੁਰੂ ਪਰਮਾਤਮਾ (ਦਾ ਰੂਪ) ਹੈ, ਗੁਰੂ ਬੜੀ ਸਮਰਥਾ ਦਾ ਮਾਲਕ ਹੈ।
36776	864	ਗੁਰੁ ਮੇਰਾ ਦੇਉ ਅਲਖ ਅਭੇਉ॥		Gur Maeraa Dhaeo Alakh Abhaeo ||	My Guru is divine, invisible and mysterious.	ਮੇਰਾ ਗੁਰੂ ਉਸ ਪ੍ਰਕਾਸ਼-ਰੂਪ ਪ੍ਰਭੂ ਦਾ ਰੂਪ ਹੈ ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ ਅਤੇ ਜਿਸ ਦਾ ਭੇਤ ਨਹੀਂ ਪਾਇਆ ਜਾ ਸਕਦਾ।
36777	864	ਸਰਬ ਪੂਜ ਚਰਨ ਗੁਰ ਸੇਉ॥੧॥		Sarab Pooj Charan Gur Saeo ||1||	I serve at the Guru's feet, which are worshipped by all. ||1||	ਮੈਂ ਤਾਂ ਉਹਨਾਂ ਗੁਰ-ਚਰਨਾਂ ਦੀ ਸਰਨ ਪਿਆ ਰਹਿੰਦਾ ਹਾਂ ਜਿਨ੍ਹਾਂ ਨੂੰ ਸਾਰੀ ਸ੍ਰਿਸ਼ਟੀ ਪੂਜਦੀ ਹੈ ॥੧॥

36778	864	ਗੁਰ ਬਿਨੁ ਅਵਰੁ ਨਾਹੀ ਮੈ ਥਾਉ॥		Gur Bin Avar Naahee Mai Thhaao ||	Without the Guru, I have no other place at all.	ਹੇ ਭਾਈ! (ਮਾਇਆ ਦੇ ਮੋਹ ਦੇ ਘੁੱਪ ਹਨੇਰੇ ਵਿਚੋਂ ਬਚਣ ਲਈ) ਗੁਰੂ ਤੋਂ ਬਿਨਾ ਮੈਨੂੰ ਕੋਈ ਹੋਰ ਥਾਂ ਨਹੀਂ ਸੁੱਝਦਾ (ਜਿਸ ਦਾ ਆਸਰਾ ਲੈ ਸਕਾਂ।
36779	864	ਅਨ ਦਿਨੁ ਜਪਉ ਗੁਰੂ ਗੁਰ ਨਾਉ॥੧॥ਰਹਾਉ॥		Anadhin Japo Guroo Gur Naao ||1|| Rehaao ||	Night and day, I chant the Name of Guru, Guru. ||1||Pause||	ਸੋ) ਮੈਂ ਹਰ ਵੇਲੇ ਗੁਰੂ ਦਾ ਨਾਮ ਹੀ ਜਪਦਾ ਹਾਂ (ਗੁਰੂ ਦੀ ਓਟ ਤੱਕੀ ਬੈਠਾ ਹਾਂ) ॥੧॥ ਰਹਾਉ ॥
36780	864	ਗੁਰੁ ਮੇਰਾ ਗਿਆਨੁ ਗੁਰੁ ਰਿਦੈ ਧਿਆਨੁ॥		Gur Maeraa Giaan Gur Ridhai Dhhiaan ||	The Guru is my spiritual wisdom, the Guru is the meditation within my heart.	ਹੇ ਭਾਈ! ਗੁਰੂ ਹੀ ਮੇਰੇ ਵਾਸਤੇ ਧਾਰਮਿਕ ਚਰਚਾ ਹੈ, ਗੁਰੂ (ਸਦਾ ਮੇਰੇ) ਹਿਰਦੇ ਵਿਚ ਟਿਕਿਆ ਹੋਇਆ ਹੈ, ਇਹੀ ਮੇਰੀ ਸਮਾਧੀ ਹੈ।
36781	864	ਗੁਰੁ ਗੋਪਾਲੁ ਪੁਰਖੁ ਭਗਵਾਨੁ॥		Gur Gopaal Purakh Bhagavaan ||	The Guru is the Lord of the World, the Primal Being, the Lord God.	ਗੁਰੂ ਉਸ ਭਗਵਾਨ ਦਾ ਰੂਪ ਹੈ ਜੋ ਸਰਬ-ਵਿਆਪਕ ਹੈ ਅਤੇ ਸ੍ਰਿਸ਼ਟੀ ਦਾ ਪਾਲਣਹਾਰ ਹੈ।
36782	864	ਗੁਰ ਕੀ ਸਰਣਿ ਰਹਉ ਕਰ ਜੋਰਿ॥		Gur Kee Saran Reho Kar Jor ||	With my palms pressed together, I remain in the Guru's Sanctuary.	ਮੈਂ (ਆਪਣੇ) ਦੋਵੇਂ ਹੱਥ ਜੋੜ ਕੇ (ਸਦਾ) ਗੁਰੂ ਦੀ ਸਰਨ ਪਿਆ ਰਹਿੰਦਾ ਹਾਂ।
36783	864	ਗੁਰੂ ਬਿਨਾ ਮੈ ਨਾਹੀ ਹੋਰੁ॥੨॥		Guroo Binaa Mai Naahee Hor ||2||	Without the Guru, I have no other at all. ||2||	ਗੁਰੂ ਤੋਂ ਬਿਨਾ ਮੈਨੂੰ ਕੋਈ ਹੋਰ ਆਸਰਾ ਨਹੀਂ ਸੁੱਝਦਾ ॥੨॥
36784	864	ਗੁਰੁ ਬੋਹਿਥੁ ਤਾਰੇ ਭਵ ਪਾਰਿ॥		Gur Bohithh Thaarae Bhav Paar ||	The Guru is the boat to cross over the terrifying world-ocean.	ਹੇ ਭਾਈ! ਗੁਰੂ ਜਹਾਜ਼ ਹੈ ਜੋ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ।

36785	864	ਗੁਰ ਸੇਵਾ ਜਮ ਤੇ ਛੁਟਕਾਰਿ॥		Gur Saevaa Jam Thae Shhuttakaar ||	Serving the Guru, one is released from the Messenger of Death.	ਗੁਰੂ ਦੀ ਸਰਨ ਪਿਆਂ ਜਮਾਂ (ਦੇ ਡਰ) ਤੋਂ ਖ਼ਲਾਸੀ ਮਿਲ ਜਾਂਦੀ ਹੈ।
36786	864	ਅੰਧਕਾਰ ਮਹਿ ਗੁਰ ਮੰਤ੍ਰੁ ਉਜਾਰਾ॥		Andhhakaar Mehi Gur Manthra Oujaaraa ||	In the darkness, the Guru's Mantra shines forth.	(ਮਾਇਆ ਦੇ ਮੋਹ ਦੇ) ਘੁੱਪ ਹਨੇਰੇ ਵਿਚ ਗੁਰੂ ਦਾ ਉਪਦੇਸ਼ ਹੀ (ਆਤਮਕ ਜੀਵਨ ਦਾ) ਚਾਨਣ ਦੇਂਦਾ ਹੈ।
36787	864	ਗੁਰ ਕੈ ਸੰਗਿ ਸਗਲ ਨਿਸਤਾਰਾ ॥੩॥		Gur Kai Sang Sagal Nisathaaraa ||3||	With the Guru, all are saved. ||3||	ਗੁਰੂ ਦੀ ਸੰਗਤਿ ਵਿਚ ਰਿਹਾਂ ਸਾਰੇ ਜੀਵਾਂ ਦਾ ਪਾਰ-ਉਤਾਰਾ ਹੋ ਜਾਂਦਾ ਹੈ ॥੩॥
36788	864	ਗੁਰੁ ਪੂਰਾ ਪਾਈਐ ਵਡਭਾਗੀ॥		Gur Pooraa Paaeeai Vaddabhaagee ||	The Perfect Guru is found, by great good fortune.	ਹੇ ਭਾਈ! ਵੱਡੀ ਕਿਸਮਤ ਨਾਲ ਪੂਰਾ ਗੁਰੂ ਮਿਲ ਮਿਲਦਾ ਹੈ।
36789	864	ਗੁਰ ਕੀ ਸੇਵਾ ਦੂਖੁ ਨ ਲਾਗੀ॥		Gur Kee Saevaa Dhookh N Laagee ||	Serving the Guru, pain does not afflict anyone.	ਗੁਰੂ ਦੀ ਸਰਨ ਪਿਆਂ ਕੋਈ ਦੁੱਖ ਪੋਹ ਨਹੀਂ ਸਕਦਾ।
36790	864	ਗੁਰ ਕਾ ਸਬਦੁ ਨ ਮੇਟੈ ਕੋਇ॥		Gur Kaa Sabadh N Maettai Koe ||	No one can erase the Word of the Guru's Shabad.	(ਜਿਸ ਮਨੁੱਖ ਦੇ ਹਿਰਦੇ ਵਿਚ) ਗੁਰੂ ਦਾ ਸ਼ਬਦ (ਵੱਸ ਪਏ ਉਸ ਦੇ ਅੰਦਰੋਂ) ਕੋਈ ਮਨੁੱਖ (ਆਤਮਕ ਜੀਵਨ ਦੇ ਉਜਾਰੇ ਨੂੰ) ਮਿਟਾ ਨਹੀਂ ਸਕਦਾ।
36791	864	ਗੁਰੁ ਨਾਨਕੁ ਨਾਨਕੁ ਹਰਿ ਸੋਇ॥੪॥੭॥੯॥		Gur Naanak Naanak Har Soe ||4||7||9||	Nanak is the Guru; Nanak is the Lord Himself. ||4||7||9||	ਹੇ ਭਾਈ! ਗੁਰੂ ਨਾਨਕ ਉਸ ਪਰਮਾਤਮਾ ਦਾ ਰੂਪ ਹੈ ॥੪॥੭॥੯॥

36792	865	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	
36793	865	ਰਾਮ ਰਾਮ ਸੰਗਿ ਕਰਿ ਬਿਉਹਾਰ॥		Raam Raam Sang Kar Biouhaar ||	Deal and trade only with the Lord, Raam, Raam.	(ਹੇ ਭਾਈ! ਤੂੰ ਜਗਤ ਵਿਚ ਵਣਜ ਕਰਨ ਆਇਆ ਹੈਂ) ਪਰਮਾਤਮਾ ਦੇ ਨਾਮ (ਦੇ ਸਰਮਾਏ) ਨਾਲ (ਸਿਮਰਨ ਦਾ) ਵਣਜ ਕਰਿਆ ਕਰ।
36794	865	ਰਾਮ ਰਾਮ ਰਾਮ ਪ੍ਰਾਨ ਅਧਾਰ॥		Raam Raam Raam Praan Adhhaar ||	The Lord, Raam, Raam, Raam, is the Support of the breath of life.	ਪਰਮਾਤਮਾ ਦੇ ਨਾਮ ਨੂੰ ਆਪਣੀ ਜਿੰਦ ਦਾ ਆਸਰਾ ਬਣਾ ਲੈ।
36795	865	ਰਾਮ ਰਾਮ ਰਾਮ ਕੀਰਤਨੁ ਗਾਇ॥		Raam Raam Raam Keerathan Gaae ||	Sing the Kirtan of the Praises of the Lord, Raam, Raam, Raam.	ਹੇ ਭਾਈ! ਸਦਾ ਹੀ ਉਸ ਦੀ ਸਿਫ਼ਤਿ-ਸਾਲਾਹ ਕਰਿਆ ਕਰ,
36796	865	ਰਮਤ ਰਾਮੁ ਸਭ ਰਹਿਓ ਸਮਾਇ॥੧॥		Ramath Raam Sabh Rehiou Samaae ||1||	The Lord is ever-present, all-pervading. ||1||	ਜੇਹੜਾ ਪ੍ਰਭੂ ਹਰ ਥਾਂ ਵਿਆਪਕ ਹੈ, ਸਾਰੀ ਸ੍ਰਿਸ਼ਟੀ ਵਿਚ ਮੌਜੂਦ ਹੈ ॥੧॥
36797	865	ਸੰਤ ਜਨਾ ਮਿਲਿ ਬੋਲਹੁ ਰਾਮ॥		Santh Janaa Mil Bolahu Raam ||	Joining the humble Saints, chant the Lord's Name.	ਹੇ ਭਾਈ! ਸੰਤ ਜਨਾਂ ਨਾਲ ਮਿਲ ਕੇ, ਪਰਮਾਤਮਾ ਦਾ ਨਾਮ ਸਿਮਰਿਆ ਕਰੋ।
36798	865	ਸਭ ਤੇ ਨਿਰਮਲ ਪੂਰਨ ਕਾਮ॥੧॥ਰਹਾਉ॥		Sabh Thae Niramal Pooran Kaam ||1|| Rehaao ||	This is the most immaculate and perfect occupation of all. ||1||Pause||	ਇਹ ਕੰਮ ਹੋਰ ਸਾਰੇ ਕੰਮਾਂ ਨਾਲੋਂ ਪਵਿੱਤਰ ਅਤੇ ਸਫਲ ਹੈ ॥੧॥ ਰਹਾਉ ॥
36799	865	ਰਾਮ ਰਾਮ ਧਨੁ ਸੰਚਿ ਭੰਡਾਰ॥		Raam Raam Dhhan Sanch Bhanddaar ||	Gather the treasure, the wealth of the Lord, Raam, Raam.	ਹੇ ਭਾਈ! ਪਰਮਾਤਮਾ ਦਾ ਨਾਮ-ਧਨ ਇਕੱਠਾ ਕਰ, ਖ਼ਜ਼ਾਨੇ ਭਰ ਲੈ,

36800	865	ਰਾਮ ਰਾਮ ਰਾਮ ਕਰਿ ਆਹਾਰ॥		Raam Raam Raam Kar Aahaar ||	Let your sustenance be the Lord, Raam, Raam, Raam.	ਪਰਮਾਤਮਾ ਦੇ ਨਾਮ ਨੂੰ ਆਪਣੀ ਜਿੰਦ ਦੀ ਖ਼ੁਰਾਕ ਬਣਾ ਲੈ।
36801	865	ਰਾਮ ਰਾਮ ਵੀਸਰਿ ਨਹੀ ਜਾਇ॥		Raam Raam Veesar Nehee Jaae ||	Never forget the Lord, Raam, Raam.	(ਵੇਖੀਂ!) ਕਿਤੇ ਪਰਮਾਤਮਾ ਦਾ ਨਾਮ ਤੈਨੂੰ ਭੁੱਲ ਨਾਹ ਜਾਏ,
36802	865	ਕਰਿ ਕਿਰਪਾ ਗੁਰਿ ਦੀਆ ਬਤਾਇ॥੨॥		Kar Kirapaa Gur Dheeaa Bathaae ||2||	In His Mercy, the Guru has revealed this to me. ||2||	ਗੁਰੂ ਨੇ ਕਿਰਪਾ ਕਰ ਕੇ (ਮੈਨੂੰ ਇਹ ਗੱਲ) ਦੱਸ ਦਿੱਤੀ ਹੈ ॥੨॥
36803	865	ਰਾਮ ਰਾਮ ਰਾਮ ਸਦਾ ਸਹਾਇ॥		Raam Raam Raam Sadhaa Sehaae ||	The Lord, Raam, Raam, Raam, is always our help and support.	ਹੇ ਭਾਈ! ਜੇਹੜਾ ਪਰਮਾਤਮਾ ਸਦਾ ਹੀ ਸਹਾਇਤਾ ਕਰਨ ਵਾਲਾ ਹੈ,
36804	865	ਰਾਮ ਰਾਮ ਰਾਮ ਲਿਵ ਲਾਇ॥		Raam Raam Raam Liv Laae ||	Embrace love for the Lord, Raam, Raam, Raam.	ਉਸ ਦੇ ਚਰਨਾਂ ਵਿਚ ਸਦਾ ਸੁਰਤ ਜੋੜੀ ਰੱਖ।
36805	865	ਰਾਮ ਰਾਮ ਜਪਿ ਨਿਰਮਲ ਭਏ॥		Raam Raam Jap Niramal Bheae ||	Through the Lord, Raam, Raam, Raam, I have become immaculate.	ਪਰਮਾਤਮਾ ਦਾ ਨਾਮ ਜਪ ਜਪ ਕੇ ਜੀਵ ਪਵਿੱਤਰ ਜੀਵਨ ਵਾਲੇ ਬਣ ਜਾਂਦੇ ਹਨ,
36806	865	ਜਨਮ ਜਨਮ ਕੇ ਕਿਲਬਿਖ ਗਏ॥੩॥		Janam Janam Kae Kilabikh Geae ||3||	The sins of countless incarnations have been taken away. ||3||	ਉਹਨਾਂ ਦੇ ਅਨੇਕਾਂ ਜਨਮਾਂ ਦੇ ਕੀਤੇ ਪਾਪ ਦੂਰ ਹੋ ਜਾਂਦੇ ਹਨ ॥੩॥

36807	865	ਰਮਤ ਰਾਮ ਜਨਮ ਮਰਣੁ ਨਿਵਾਰੈ॥		Ramath Raam Janam Maran Nivaarai ||	Uttering the Lord's Name, birth and death are finished.	ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਿਆਂ (ਪਰਮਾਤਮਾ ਮਨੁੱਖ ਦਾ) ਜਨਮ ਮਰਨ (ਦਾ ਗੇੜ) ਦੂਰ ਕਰ ਦੇਂਦਾ ਹੈ।
36808	865	ਉਚਰਤ ਰਾਮ ਭੈ ਪਾਰਿ ਉਤਾਰੈ॥	ਉੱਚਰਤ	Oucharath Raam Bhai Paar Outhaarai ||	Repeating the Lord's Name, one crosses over the terrifying world-ocean.	ਪ੍ਰਭੂ ਦਾ ਨਾਮ ਉਚਾਰਦਿਆਂ (ਪ੍ਰਭੂ ਜੀਵ ਨੂੰ) ਸਹਿਮ (-ਭਰੇ ਸੰਸਾਰ-ਸਮੁੰਦਰ) ਤੋਂ ਪਾਰ ਲੰਘਾ ਦੇਂਦਾ ਹੈ।
36809	865	ਸਭ ਤੇ ਊਚ ਰਾਮ ਪਰਗਾਸ॥		Sabh Thae Ooch Raam Paragaas ||	The Luminous Lord is the highest of all.	ਸਭ ਤੋਂ ਉੱਚੇ ਪ੍ਰਭੂ (ਦੇ ਨਾਮ) ਦਾ ਚਾਨਣ (ਆਪਣੇ ਅੰਦਰ) ਪੈਦਾ ਕਰ,
36810	865	ਨਿਸਿ ਬਾਸੁਰ ਜਪਿ ਨਾਨਕ ਦਾਸ॥੪॥੮॥੧੦॥		Nis Baasur Jap Naanak Dhaas ||4||8||10||	Night and day, servant Nanak meditates on Him. ||4||8||10||	ਹੇ ਦਾਸ ਨਾਨਕ! ਦਿਨ ਰਾਤ ਉਸ ਦਾ ਨਾਮ ਜਪਿਆ ਕਰ ॥੪॥੮॥੧੦॥
36811	865	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	
36812	865	ਉਨ ਕਉ ਖਸਮਿ ਕੀਨੀ ਠਾਕਹਾਰੇ॥		Oun Ko Khasam Keenee Thaakehaarae ||	My Lord and Master has held back the five demons.	ਹੇ ਭਾਈ! ਜਦੋਂ ਮਾਲਕ-ਪ੍ਰਭੂ ਨੇ ਉਹਨਾਂ (ਪੰਜਾਂ ਚੌਧਰੀਆਂ) ਨੂੰ ਵਰਜਿਆ, ਤਾਂ ਉਹ (ਪ੍ਰਭੂ ਦੇ ਸੇਵਕਾਂ ਦੇ ਸਾਹਮਣੇ) ਹਾਰ ਮੰਨ ਗਏ।
36813	865	ਦਾਸ ਸੰਗ ਤੇ ਮਾਰਿ ਬਿਦਾਰੇ॥		Dhaas Sang Thae Maar Bidhaarae ||	He conquered them, and scared them away from the Lord's slave.	ਆਪਣੇ ਸੇਵਕਾਂ ਪਾਸੋਂ (ਪ੍ਰਭੂ ਨੇ ਉਹਨਾਂ ਨੂੰ) ਮਾਰ ਕੇ ਭਜਾ ਦਿੱਤਾ।

36814	865	ਗੋਬਿੰਦ ਭਗਤ ਕਾ ਮਹਲੁ ਨ ਪਾਇਆ॥		Gobindh Bhagath Kaa Mehal N Paaeiaa ||	They cannot find the mansion of the Lord's devotee.	ਉਹ ਚੌਧਰੀ ਪਰਮਾਤਮਾ ਦੇ ਭਗਤਾਂ ਦਾ ਟਿਕਾਣਾ ਲੱਭ ਨਾਹ ਸਕੇ,
36815	865	ਰਾਮ ਜਨਾ ਮਿਲਿ ਮੰਗਲੁ ਗਾਇਆ॥੧॥		Raam Janaa Mil Mangal Gaaeiaa ||1||	Joining together, the Lord's humble servants sing the songs of joy. ||1||	(ਕਿਉਂਕਿ) ਪਰਮਾਤਮਾ ਦੇ ਸੇਵਕਾਂ ਨੇ (ਸਦਾ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਵਿਆ ਹੈ ॥੧॥
36816	865	ਸਗਲ ਸ੍ਰਿਸਟਿ ਕੇ ਪੰਚ ਸਿਕਦਾਰ॥		Sagal Srisatt Kae Panch Sikadhaar ||	The five demons are the rulers of the whole world,	ਹੇ ਭਾਈ! (ਕਾਮ, ਕ੍ਰੋਧ, ਲੋਭ, ਮੋਹ, ਅਹੰਕਾਰ-ਇਹ) ਪੰਜ ਸਾਰੀ ਸ੍ਰਿਸ਼ਟੀ ਦੇ ਚੌਧਰੀ ਹਨ।
36817	865	ਰਾਮ ਭਗਤ ਕੇ ਪਾਨੀਹਾਰ॥੧॥ਰਹਾਉ॥		Raam Bhagath Kae Paaneehaar ||1|| Rehaao ||	But they are just water-carriers for the Lord's devotee. ||1||Pause||	ਪਰ ਪ੍ਰਭੂ ਦੀ ਭਗਤੀ ਕਰਨ ਵਾਲੇ ਬੰਦਿਆਂ ਦੇ ਇਹ ਨੌਕਰ ਹੋ ਕੇ ਰਹਿੰਦੇ ਹਨ ॥੧॥ ਰਹਾਉ ॥
36818	865	ਜਗਤ ਪਾਸ ਤੇ ਲੇਤੇ ਦਾਨੁ॥		Jagath Paas Thae Laethae Dhaan ||	They collect taxes from the world,	ਹੇ ਭਾਈ! ਇਹ ਪੰਜ ਚੌਧਰੀ ਦੁਨੀਆ (ਦੇ ਲੋਕਾਂ) ਪਾਸੋਂ ਡੰਨ ਲੈਂਦੇ ਹਨ,
36819	865	ਗੋਬਿੰਦ ਭਗਤ ਕਉ ਕਰਹਿ ਸਲਾਮੁ॥		Gobindh Bhagath Ko Karehi Salaam ||	But they bow in subservience to God's devotees.	ਪਰ ਪ੍ਰਭੂ ਦੇ ਭਗਤਾਂ ਨੂੰ ਨਮਸਕਾਰ ਕਰਦੇ ਹਨ।
36820	865	ਲੂਟਿ ਲੇਹਿ ਸਾਕਤ ਪਤਿ ਖੋਵਹਿ॥	ਪਤਿ:ਪੋਲਾ ਬੋਲੋ	Loott Laehi Saakath Path Khovehi ||	They plunder and dishonor the faithless cynics,	ਪ੍ਰਭੂ ਨਾਲੋਂ ਵਿਛੁੜੇ ਬੰਦਿਆਂ ਦੀ ਆਤਮਕ ਰਾਸਿ-ਪੂੰਜੀ ਲੁੱਟ ਲੈਂਦੇ ਹਨ, (ਸਾਕਤ ਇਥੇ ਆਪਣੀ) ਇੱਜ਼ਤ ਗਵਾ ਲੈਂਦੇ ਹਨ,

36821	865	ਸਾਧ ਜਨਾ ਪਗ ਮਲਿ ਮਲਿ ਧੋਵਹਿ॥੨॥	ਪਗ:ਪੋਲਾ ਬੋਲੋ	Saadhh Janaa Pag Mal Mal Dhhovehi ||2||	But they massage and wash the feet of the Holy. ||2||	ਪਰ ਇਹ ਚੌਧਰੀ ਗੁਰਮੁਖਾਂ ਦੇ ਪੈਰ ਮਲ ਮਲ ਕੇ ਧੋਂਦੇ ਹਨ ॥੨॥
36822	865	ਪੰਚ ਪੂਤ ਜਣੇ ਇਕ ਮਾਇ॥		Panch Pooth Janae Eik Maae ||	The One Mother gave birth to the five sons,	(ਇਹ ਕਾਮਾਦਿਕ) ਪੰਜੇ ਪੁੱਤਰ ਭੀ ਉਸ ਨੇ ਪੈਦਾ ਕੀਤੇ ਹਨ।
36823	865	ਉਤਭੁਜ ਖੇਲੁ ਕਰਿ ਜਗਤ ਵਿਆਇ॥		Outhabhuj Khael Kar Jagath Viaae ||	And began the play of the created world.	(ਹੇ ਭਾਈ! ਪ੍ਰਭੂ ਦੇ ਹੁਕਮ ਵਿਚ) ਮਾਇਆ ਨੇ ਉਤਭੁਜ ਆਦਿਕ ਖੇਡ ਰਚਾ ਕੇ ਇਹ ਜਗਤ ਪੈਦਾ ਕੀਤਾ ਹੈ।
36824	865	ਤੀਨਿ ਗੁਣਾ ਕੈ ਸੰਗਿ ਰਚਿ ਰਸੇ॥		Theen Gunaa Kai Sang Rach Rasae ||	With the three qualities joined together, they celebrate.	(ਦੁਨੀਆ ਦੇ ਲੋਕ ਮਾਇਆ ਦੇ) ਤਿੰਨ ਗੁਣਾਂ ਨਾਲ ਇੱਕ-ਮਿਕ ਹੋ ਕੇ ਰਸ ਮਾਣ ਰਹੇ ਹਨ।
36825	865	ਇਨ ਕਉ ਛੋਡਿ ਊਪਰਿ ਜਨ ਬਸੇ॥੩॥		Ein Ko Shhodd Oopar Jan Basae ||3||	Renouncing these three qualities, the Lord's humble servants rise above them. ||3||	ਪਰਮਾਤਮਾ ਦੇ ਭਗਤ ਇਹਨਾਂ ਨੂੰ ਛੱਡ ਕੇ ਉੱਚੇ ਆਤਮਕ ਮੰਡਲ ਵਿਚ ਵੱਸਦੇ ਹਨ ॥੩॥
36826	865	ਕਰਿ ਕਿਰਪਾ ਜਨ ਲੀਏ ਛਡਾਇ॥		Kar Kirapaa Jan Leeeae Shhaddaae ||	In His Mercy, He saves His humble servants.	(ਹੇ ਭਾਈ!) ਪ੍ਰਭੂ ਨੇ ਮੇਹਰ ਕਰ ਕੇ ਸੰਤ ਜਨਾਂ ਨੂੰ ਇਹਨਾਂ ਪਾਸੋਂ ਬਚਾ ਰੱਖਿਆ ਹੈ।
36827	865	ਜਿਸ ਕੇ ਸੇ ਤਿਨਿ ਰਖੇ ਹਟਾਇ॥		Jis Kae Sae Thin Rakhae Hattaae ||	They belong to Him, and so He saves them by driving out the five.	(ਇਹ ਕਾਮਾਦਿਕ) ਜਿਸ (ਪ੍ਰਭੂ) ਦੇ ਬਣਾਏ ਹੋਏ ਹਨ, ਉਸ ਨੇ ਇਹਨਾਂ ਨੂੰ (ਸੰਤ ਜਨਾਂ ਪਾਸੋਂ) ਪਰੇ ਰੋਕ ਰੱਖਿਆ ਹੈ।

36828	865	ਕਹੁ ਨਾਨਕ ਭਗਤਿ ਪ੍ਰਭ ਸਾਰੁ॥		Kahu Naanak Bhagath Prabh Saar ||	Says Nanak, devotion to God is noble and sublime.	ਨਾਨਕ ਆਖਦਾ ਹੈ- (ਹੇ ਭਾਈ!) ਪ੍ਰਭੂ ਦੀ ਭਗਤੀ ਕਰਿਆ ਕਰ।
36829	865	ਬਿਨੁ ਭਗਤੀ ਸਭ ਹੋਇ ਖੁਆਰੁ॥੪॥੯॥੧੧॥		Bin Bhagathee Sabh Hoe Khuaar ||4||9||11||	Without devotion, all just waste away uselessly. ||4||9||11||	ਭਗਤੀ ਤੋਂ ਬਿਨਾ ਸਾਰੀ ਸ੍ਰਿਸ਼ਟੀ (ਇਹਨਾਂ ਚੌਧਰੀਆਂ ਦੇ ਵੱਸ ਪੈ ਕੇ) ਖ਼ੁਆਰ ਹੁੰਦੀ ਹੈ ॥੪॥੯॥੧੧॥
36830	865	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	
36831	865	ਕਲਿ ਕਲੇਸ ਮਿਟੇ ਹਰਿ ਨਾਇ॥		Kal Kalaes Mittae Har Naae ||	Suffering and troubles are eradicated by the Lord's Name.	ਹੇ ਭਾਈ! ਪ੍ਰਭੂ ਦੇ ਨਾਮ ਦੀ ਬਰਕਤ ਨਾਲ (ਸੰਤ ਜਨਾਂ ਦੇ ਅੰਦਰੋਂ) ਝਗੜੇ-ਬਖੇੜੇ ਮਿਟ ਜਾਂਦੇ ਹਨ।
36832	865	ਦੁਖ ਬਿਨਸੇ ਸੁਖ ਕੀਨੋ ਠਾਉ॥		Dhukh Binasae Sukh Keeno Thaao ||	Pain is dispelled, and peace takes its place.	ਉਹਨਾਂ ਦੇ ਸਾਰੇ ਦੁੱਖ ਨਾਸ ਹੋ ਜਾਂਦੇ ਹਨ। ਸੁਖ ਉਹਨਾਂ ਦੇ ਅੰਦਰ ਆਪਣਾ ਟਿਕਾਣਾ ਬਣਾ ਲੈਂਦੇ ਹਨ।
36833	865	ਜਪਿ ਜਪਿ ਅੰਮ੍ਰਿਤ ਨਾਮੁ ਅਘਾਏ॥		Jap Jap Anmrith Naam Aghaaeae ||	Meditating, chanting the Ambrosial Naam, the Name of the Lord, I am satisfied.	ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਪ ਜਪ ਕੇ (ਸੰਤ ਜਨ ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜੇ ਰਹਿੰਦੇ ਹਨ।
36834	865	ਸੰਤ ਪ੍ਰਸਾਦਿ ਸਗਲ ਫਲ ਪਾਏ॥੧॥		Santh Prasaadh Sagal Fal Paaeae ||1||	By the Grace of the Saints, I have received all fruitful rewards. ||1||	ਗੁਰੂ ਦੀ ਕਿਰਪਾ ਨਾਲ ਉਹ ਸਾਰੇ ਫਲ ਪ੍ਰਾਪਤ ਕਰ ਲੈਂਦੇ ਹਨ ॥੧॥

36835	865	ਰਾਮ ਜਪਤ ਜਨ ਪਾਰਿ ਪਰੇ॥		Raam Japath Jan Paar Parae ||	Meditating on the Lord, His humble servant is carried across,	ਹੇ ਭਾਈ! ਪਰਮਾਤਮਾ ਦਾ ਨਾਮ ਜਪਦਿਆਂ ਪਰਮਾਤਮਾ ਦੇ ਭਗਤ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ।
36836	865	ਜਨਮ ਜਨਮ ਕੇ ਪਾਪ ਹਰੇ॥੧॥ਰਹਾਉ॥		Janam Janam Kae Paap Harae ||1|| Rehaao ||	And the sins of countless incarnations are taken away. ||1||Pause||	ਉਹਨਾਂ ਦੇ ਅਨੇਕਾਂ ਜਨਮਾਂ ਦੇ ਕੀਤੇ ਪਾਪ ਦੂਰ ਹੋ ਜਾਂਦੇ ਹਨ ॥੧॥ ਰਹਾਉ ॥
36837	865	ਗੁਰ ਕੇ ਚਰਨ ਰਿਦੈ ਉਰਿ ਧਾਰੇ॥		Gur Kae Charan Ridhai Our Dhhaarae ||	I have enshrined the Guru's feet within my heart,	ਹੇ ਭਾਈ! ਸੰਤ ਜਨ ਆਪਣੇ ਹਿਰਦੇ ਵਿਚ ਗੁਰੂ ਦੇ ਚਰਨ ਵਸਾਈ ਰੱਖਦੇ ਹਨ।
36838	865	ਅਗਨਿ ਸਾਗਰ ਤੇ ਉਤਰੇ ਪਾਰੇ॥		Agan Saagar Thae Outharae Paarae ||	And crossed over the ocean of fire.	(ਪੂਰੀ ਸਰਧਾ ਨਾਲ ਗੁਰੂ ਦੇ ਸ਼ਬਦ ਨੂੰ ਮਨ ਵਿਚ ਟਿਕਾਈ ਰੱਖਦੇ ਹਨ), ਇਸ ਤਰ੍ਹਾਂ ਉਹ ਤ੍ਰਿਸ਼ਨਾ-ਅੱਗ ਦੇ ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ।
36839	865	ਜਨਮ ਮਰਣ ਸਭ ਮਿਟੀ ਉਪਾਧਿ॥		Janam Maran Sabh Mittee Oupaadhh ||	All the painful diseases of birth and death have been eradicated.	ਉਹ ਜਨਮ ਮਰਨ ਦੇ ਗੇੜ ਦਾ ਸਾਰਾ ਬਖੇੜਾ ਹੀ ਮੁਕਾ ਲੈਂਦੇ ਹਨ,
36840	865	ਪ੍ਰਭ ਸਿਉ ਲਾਗੀ ਸਹਜਿ ਸਮਾਧਿ॥੨॥		Prabh Sio Laagee Sehaj Samaadhh ||2||	I am attached to God in celestial Samaadhi. ||2||	ਆਤਮਕ ਅਡੋਲਤਾ ਦੀ ਰਾਹੀਂ ਉਹਨਾਂ ਦੀ ਸੁਰਤ ਪ੍ਰਭੂ ਨਾਲ ਜੁੜੀ ਰਹਿੰਦੀ ਹੈ ॥੨॥
36841	865	ਥਾਨ ਥਨੰਤਰਿ ਏਕੋ ਸੁਆਮੀ॥		Thhaan Thhananthar Eaeko Suaamee ||	In all places and interspaces, the One, our Lord and Master is contained.	ਹੇ ਭਾਈ! ਜੇਹੜਾ ਮਾਲਕ-ਪ੍ਰਭੂ ਆਪ ਹੀ ਹਰੇਕ ਥਾਂ ਵਿਚ ਵੱਸ ਰਿਹਾ ਹੈ,

36842	865	ਸਗਲ ਘਟਾ ਕਾ ਅੰਤਰਜਾਮੀ॥		Sagal Ghattaa Kaa Antharajaamee ||	He is the Inner-knower of all hearts.	ਅਤੇ ਸਾਰੇ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਹੈ,
36843	865	ਕਰਿ ਕਿਰਪਾ ਜਾ ਕਉ ਮਤਿ ਦੇਇ॥		Kar Kirapaa Jaa Ko Math Dhaee ||	One whom the Lord blesses with understanding,	ਉਹ ਪ੍ਰਭੂ ਜਿਸ ਮਨੁੱਖ ਨੂੰ ਮੇਹਰ ਕਰ ਕੇ ਸੂਝ ਬਖ਼ਸ਼ਦਾ ਹੈ,
36844	865	ਆਠ ਪਹਰ ਪ੍ਰਭ ਕਾ ਨਾਉ ਲੇਇ॥੩॥		Aath Pehar Prabh Kaa Naao Laee ||3||	Chants the Name of God, twenty-four hours a day. ||3||	ਉਹ ਮਨੁੱਖ ਅੱਠੇ ਪਹਿਰ (ਹਰ ਵੇਲੇ) ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ ॥੩॥
36845	865	ਜਾ ਕੈ ਅੰਤਰਿ ਵਸੈ ਪ੍ਰਭੁ ਆਪਿ॥		Jaa Kai Anthar Vasai Prabh Aap ||	Deep within, God Himself abides;	ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਆਪ ਆ ਪਰਗਟ ਹੁੰਦਾ ਹੈ,
36846	865	ਤਾ ਕੈ ਹਿਰਦੈ ਹੋਇ ਪ੍ਰਗਾਸੁ॥		Thaa Kai Hiradhai Hoe Pragaas ||	Within his heart, the Divine Light shines forth.	ਉਸ ਮਨੁੱਖ ਦੇ ਹਿਰਦੇ ਵਿਚ ਆਤਮਕ ਜੀਵਨ ਦਾ ਚਾਨਣ ਹੋ ਜਾਂਦਾ ਹੈ।
36847	865	ਭਗਤਿ ਭਾਇ ਹਰਿ ਕੀਰਤਨੁ ਕਰੀਐ॥		Bhagath Bhaae Har Keerathan Kareeai ||	With loving devotion, sing the Kirtan of the Lord's Praises.	ਹੇ ਭਾਈ! ਭਗਤੀ ਦੀ ਭਾਵਨਾ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਰਹਿਣਾ ਚਾਹੀਦਾ ਹੈ।
36848	865	ਜਪਿ ਪਾਰਬ੍ਰਹਮੁ ਨਾਨਕ ਨਿਸਤਰੀਐ॥੪॥੧੦॥੧੨॥		Jap Paarabreham Naanak Nisathareeai ||4||10||12||	Meditate on the Supreme Lord God, O Nanak, and you shall be saved. ||4||10||12||	ਹੇ ਨਾਨਕ! ਪਰਮਾਤਮਾ ਦਾ ਨਾਮ ਜਪ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ ॥੪॥੧੦॥੧੨॥
36849	865	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	

36850	866	ਗੁਰ ਕੇ ਚਰਨਕਮਲ ਨਮਸਕਾਰਿ॥		Gur Kae Charan Kamal Namasakaar ||	Bow in humility to the lotus feet of the Guru.	ਹੇ ਭਾਈ! (ਆਪਣੇ) ਗੁਰੂ ਦੇ ਚਰਨਾਂ ਉਤੇ ਆਪਣਾ ਸਿਰ ਰੱਖਿਆ ਕਰ।
36851	866	ਕਾਮੁ ਕ੍ਰੋਧੁ ਇਸੁ ਤਨ ਤੇ ਮਾਰਿ॥		Kaam Krodhh Eis Than Thae Maar ||	Eliminate sexual desire and anger from this body.	(ਗੁਰੂ ਦੀ ਕਿਰਪਾ ਨਾਲ ਆਪਣੇ) ਇਸ ਸਰੀਰ ਵਿਚੋਂ ਕਾਮ ਅਤੇ ਕ੍ਰੋਧ (ਆਦਿਕ ਵਿਕਾਰਾਂ) ਨੂੰ ਮਾਰ ਮੁਕਾ।
36852	866	ਹੋਇ ਰਹੀਐ ਸਗਲ ਕੀ ਰੀਨਾ॥		Hoe Reheeai Sagal Kee Reenaa ||	Be the dust of all,	ਹੇ ਭਾਈ! ਸਭਨਾਂ ਦੇ ਚਰਨਾਂ ਦੀ ਧੂੜ ਹੋ ਕੇ ਰਹਿਣਾ ਚਾਹੀਦਾ ਹੈ।
36853	866	ਘਟਿ ਘਟਿ ਰਮਈਆ ਸਭ ਮਹਿ ਚੀਨਾ॥੧॥	ਘਟਿ:ਪੋਲਾ ਬੋਲੋ। ਰ-ਮਈਆ	Ghatt Ghatt Rameeaa Sabh Mehi Cheenaa ||1||	And see the Lord in each and every heart, in all. ||1||	ਹਰੇਕ ਸਰੀਰ ਵਿਚ ਸਭ ਜੀਵਾਂ ਵਿਚ ਸੋਹਣੇ ਰਾਮ ਨੂੰ ਵੱਸਦਾ ਵੇਖ ॥੧॥
36854	866	ਇਨ ਬਿਧਿ ਰਮਹੁ ਗੋਪਾਲ ਗੋਬਿੰਦੁ॥		Ein Bidhh Ramahu Gopaal Guobindh ||	In this way, dwell upon the Lord of the World, the Lord of the Universe.	ਹੇ ਭਾਈ! ਇਸ ਤਰ੍ਹਾਂ ਸ੍ਰਿਸ਼ਟੀ ਦੇ ਪਾਲਕ ਗੋਬਿੰਦ ਦਾ ਨਾਮ ਜਪਦੇ ਰਹੋ,
36855	866	ਤਨੁ ਧਨੁ ਪ੍ਰਭ ਕਾ ਪ੍ਰਭ ਕੀ ਜਿੰਦੁ॥੧॥ਰਹਾਉ॥		Than Dhhan Prabh Kaa Prabh Kee Jindh ||1|| Rehaao ||	My body and wealth belong to God; my soul belongs to God. ||1||Pause||	(ਕਿ) ਇਸ ਸਰੀਰ ਨੂੰ, ਇਸ ਧਨ ਨੂੰ, ਪ੍ਰਭੂ ਦਾ ਬਖ਼ਸ਼ਿਆ ਹੋਇਆ ਜਾਣੋ, ਇਸ ਜਿੰਦ ਨੂੰ (ਭੀ) ਪ੍ਰਭੂ ਦੀ ਦਿੱਤੀ ਹੋਈ ਸਮਝੋ ॥੧॥ ਰਹਾਉ ॥
36856	866	ਆਠ ਪਹਰ ਹਰਿ ਕੇ ਗੁਣ ਗਾਉ॥		Aath Pehar Har Kae Gun Gaao ||	Twenty-four hours a day, sing the Glorious Praises of the Lord.	ਹੇ ਭਾਈ! ਅੱਠੇ ਪਹਿਰ (ਹਰ ਵੇਲੇ) ਪਰਮਾਤਮਾ ਦੇ ਗੁਣ ਗਾਂਦਾ ਰਿਹਾ ਕਰ।

36857	866	ਜੀਅ ਪ੍ਰਾਨ ਕੋ ਇਹੈ ਸੁਆਉ॥		Jeea Praan Ko Eihai Suaao ||	This is the purpose of human life.	ਤੇਰੀ ਜਿੰਦ-ਜਾਨ ਦਾ (ਸੰਸਾਰ ਵਿਚ) ਇਹੀ (ਸਭ ਤੋਂ ਵੱਡਾ) ਮਨੋਰਥ ਹੈ।
36858	866	ਤਜਿ ਅਭਿਮਾਨੁ ਜਾਨੁ ਪ੍ਰਭੁ ਸੰਗਿ॥		Thaj Abhimaan Jaan Prabh Sang ||	Renounce your egotistical pride, and know that God is with you.	ਹੇ ਭਾਈ! ਅਹੰਕਾਰ ਦੂਰ ਕਰ ਕੇ ਪ੍ਰਭੂ ਨੂੰ ਆਪਣੇ ਅੰਗ-ਸੰਗ ਵੱਸਦਾ ਸਮਝ।
36859	866	ਸਾਧ ਪ੍ਰਸਾਦਿ ਹਰਿ ਸਿਉ ਮਨੁ ਰੰਗਿ॥੨॥		Saadhh Prasaadh Har Sio Man Rang ||2||	By the Grace of the Holy, let your mind be imbued with the Lord's Love. ||2||	ਗੁਰੂ ਦੀ ਕਿਰਪਾ ਨਾਲ ਆਪਣੇ ਮਨ ਨੂੰ ਪਰਮਾਤਮਾ (ਦੇ ਪ੍ਰੇਮ-ਰੰਗ) ਨਾਲ ਰੰਗ ਲੈ ॥੨॥
36860	866	ਜਿਨਿ ਤੂੰ ਕੀਆ ਤਿਸ ਕਉ ਜਾਨੁ॥		Jin Thoon Keeaa This Ko Jaan ||	Know the One who created you,	ਹੇ ਭਾਈ! ਜਿਸ ਪਰਮਾਤਮਾ ਨੇ ਤੈਨੂੰ ਪੈਦਾ ਕੀਤਾ ਹੈ ਉਸ ਨਾਲ ਸਾਂਝ ਪਾਈ ਰੱਖ।
36861	866	ਆਗੈ ਦਰਗਹ ਪਾਵੈ ਮਾਨੁ॥		Aagai Dharageh Paavai Maan ||	And in the world hereafter you shall be honored in the Court of the Lord.	(ਜੇਹੜਾ ਮਨੁੱਖ ਇਹ ਉੱਦਮ ਕਰਦਾ ਹੈ, ਉਹ) ਅਗਾਂਹ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਹਾਸਲ ਕਰਦਾ ਹੈ।
36862	866	ਮਨੁ ਤਨੁ ਨਿਰਮਲ ਹੋਇ ਨਿਹਾਲੁ॥		Man Than Niramal Hoe Nihaal ||	Your mind and body will be immaculate and blissful;	(ਹੇ ਭਾਈ! ਮਨੁੱਖ ਦਾ) ਮਨ ਤਨ ਪਵਿੱਤਰ ਹੋ ਜਾਂਦਾ ਹੈ, ਮਨ ਖਿੜਿਆ ਰਹਿੰਦਾ ਹੈ, ਸਰੀਰ ਭੀ ਖਿੜਿਆ ਰਹਿੰਦਾ ਹੈ,
36863	866	ਰਸਨਾ ਨਾਮੁ ਜਪਤ ਗੋਪਾਲ॥੩॥		Rasanaa Naam Japath Gopaal ||3||	Chant the Name of the Lord of the Universe with your tongue. ||3||	ਜਦੋਂ ਜੀਭ ਪਰਮਾਤਮਾ ਦਾ ਨਾਮ ਜਪਦੀ ਹੈ ॥੩॥

36864	866	ਕਰਿ ਕਿਰਪਾ ਮੇਰੇ ਦੀਨ ਦਇਆਲਾ॥		Kar Kirapaa Maerae Dheen Dhaeiaalaa ||	Grant Your Kind Mercy, O my Lord, Merciful to the meek.	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਮੇਰੇ ਪ੍ਰਭੂ! (ਮੇਰੇ ਉਤੇ) ਮੇਹਰ ਕਰ।
36865	866	ਸਾਧੂ ਕੀ ਮਨੁ ਮੰਗੈ ਰਵਾਲਾ॥		Saadhhoo Kee Man Mangai Ravaalaa ||	My mind begs for the dust of the feet of the Holy.	(ਮੇਰਾ) ਮਨ ਗੁਰੂ ਦੇ ਚਰਨਾਂ ਦੀ ਧੂੜ ਮੰਗਦਾ ਹੈ।
36866	866	ਹੋਹੁ ਦਇਆਲ ਦੇਹੁ ਪ੍ਰਭ ਦਾਨੁ॥		Hohu Dhaeiaal Dhaehu Prabh Dhaan ||	Be merciful, and bless me with this gift,	ਹੇ ਪ੍ਰਭੂ! (ਨਾਨਕ ਉਤੇ) ਦਇਆਵਾਨ ਹੋ ਅਤੇ ਇਹ ਖ਼ੈਰ ਪਾ,
36867	866	ਨਾਨਕੁ ਜਪਿ ਜੀਵੈ ਪ੍ਰਭ ਨਾਮੁ॥੪॥੧੧॥੧੩॥		Naanak Jap Jeevai Prabh Naam ||4||11||13||	That Nanak may live, chanting God's Name. ||4||11||13||	ਕਿ (ਤੇਰਾ ਦਾਸ) ਨਾਨਕ, ਹੇ ਪ੍ਰਭੂ! ਤੇਰਾ ਨਾਮ ਜਪ ਕੇ ਆਤਮਕ ਜੀਵਨ ਪ੍ਰਾਪਤ ਕਰਦਾ ਰਹੇ ॥੪॥੧੧॥੧੩॥
36868	866	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	
36869	866	ਧੂਪ ਦੀਪ ਸੇਵਾ ਗੋਪਾਲ॥		Dhhoop Dheep Saevaa Gopaal ||	My incense and lamps are my service to the Lord.	(ਹੇ ਭਾਈ! ਕਰਮ ਕਾਂਡੀ ਲੋਕ ਦੇਵੀ ਦੇਵਤਿਆਂ ਦੀ ਪੂਜਾ ਕਰਦੇ ਹਨ, ਉਹਨਾਂ ਦੇ ਅੱਗੇ ਧੂਪ ਧੁਖਾਂਦੇ ਹਨ ਅਤੇ ਦੀਵੇ ਬਾਲਦੇ ਹਨ, ਪਰ) ਪਰਮਾਤਮਾ ਦੀ ਭਗਤੀ ਕਰਨੀ ਹੀ ਉਸ ਮਨੁੱਖ ਵਾਸਤੇ 'ਧੂਪ ਦੀਪ' ਦੀ ਕ੍ਰਿਆ ਹੈ,

36870	866	ਅਨਿਕ ਬਾਰ ਬੰਦਨ ਕਰਤਾਰ॥		Anik Baar Bandhan Karathaar ||	Time and time again, I humbly bow to the Creator.	(ਭਗਤੀ ਕਰਦਾ ਹੋਇਆ ਉਹ ਮਾਨੇ) ਪਰਮਾਤਮਾ ਦੇ ਦਰ ਤੇ ਹਰ ਵੇਲੇ ਸਿਰ ਨਿਵਾਈ ਰੱਖਦਾ ਹੈ।
36871	866	ਪ੍ਰਭ ਕੀ ਸਰਣਿ ਗਹੀ ਸਭ ਤਿਆਗਿ॥		Prabh Kee Saran Gehee Sabh Thiaag ||	I have renounced everything, and grasped the Sanctuary of God.	ਉਹ (ਧੂਪ ਦੀਪ ਆਦਿਕ ਵਾਲੀ) ਸਾਰੀ ਕ੍ਰਿਆ ਛੱਡ ਕੇ ਪ੍ਰਭੂ ਦਾ ਆਸਰਾ ਲੈਂਦਾ ਹੈ।
36872	866	ਗੁਰ ਸੁਪ੍ਰਸੰਨ ਭਏ ਵਡ ਭਾਗਿ॥੧॥	ਸੁਪ੍ਰਸੰਨ	Gur Suprasann Bheae Vadd Bhaag ||1||	By great good fortune, the Guru has become pleased and satisfied with me. ||1||	(ਇਉਂ ਉਸ) ਮਨੁੱਖ ਉਤੇ ਵੱਡੀ ਕਿਸਮਤ ਨਾਲ ਗੁਰੂ ਮੇਹਰਬਾਨ ਹੋ ਪਏ ਹਨ ॥੧॥
36873	866	ਆਠ ਪਹਰ ਗਾਈਐ ਗੋਬਿੰਦੁ॥		Aath Pehar Gaaeeai Gobindh ||	Twenty-four hours a day, I sing of the Lord of the Universe.	ਹੇ ਭਾਈ! ਉਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਅੱਠੇ ਪਹਿਰ (ਹਰ ਵੇਲੇ) ਕਰਨੀ ਚਾਹੀਦੀ ਹੈ,
36874	866	ਤਨੁ ਧਨੁ ਪ੍ਰਭ ਕਾ ਪ੍ਰਭ ਕੀ ਜਿੰਦੁ॥੧॥ਰਹਾਉ॥		Than Dhhan Prabh Kaa Prabh Kee Jindh ||1|| Rehaao ||	My body and wealth belong to God; my soul belongs to God. ||1||Pause||	ਜਿਸ ਦਾ ਦਿੱਤਾ ਹੋਇਆ ਸਾਡਾ ਇਹ ਸਰੀਰ ਹੈ, ਇਹ ਜਿੰਦ ਹੈ ਅਤੇ ਧਨ ਹੈ ॥੧॥ ਰਹਾਉ ॥
36875	866	ਹਰਿ ਗੁਣ ਰਮਤ ਭਏ ਆਨੰਦ॥		Har Gun Ramath Bheae Aanandh ||	Chanting the Glorious Praises of the Lord, I am in bliss.	ਉਸ ਪਰਮਾਤਮਾ ਦੇ ਗੁਣ ਗਾਂਦਿਆਂ ਉਨ੍ਹਾਂ ਦੇ ਅੰਦਰ ਆਨੰਦ ਬਣਿਆ ਰਹਿੰਦਾ ਹੈ,
36876	866	ਪਾਰਬ੍ਰਹਮ ਪੂਰਨ ਬਖਸੰਦ॥		Paarabreham Pooran Bakhasandh ||	The Supreme Lord God is the Perfect Forgiver.	ਸਰਬ-ਵਿਆਪਕ ਅਤੇ ਬਖ਼ਸ਼ਸ਼ ਕਰਨ ਵਾਲਾ ਹੈ।

36877	866	ਕਰਿ ਕਿਰਪਾ ਜਨ ਸੇਵਾ ਲਾਏ॥		Kar Kirapaa Jan Saevaa Laaeae ||	Granting His Mercy, He has linked His humble servants to His service.	ਹੇ ਭਾਈ! ਪਰਮਾਤਮਾ ਮੇਹਰ ਕਰ ਕੇ ਆਪਣੇ ਸੇਵਕਾਂ ਨੂੰ ਆਪਣੀ ਭਗਤੀ ਵਿਚ ਜੋੜਦਾ ਹੈ,
36878	866	ਜਨਮ ਮਰਣ ਦੁਖ ਮੇਟਿ ਮਿਲਾਏ॥੨॥		Janam Maran Dhukh Maett Milaaeae ||2||	He has rid me of the pains of birth and death, and merged me with Himself. ||2||	ਉਹਨਾਂ ਦੇ ਜਨਮ ਤੋਂ ਲੈ ਕੇ ਮਰਨ ਤਕ ਦੇ ਸਾਰੇ ਦੁੱਖ ਮਿਟਾ ਕੇ ਉਹਨਾਂ ਨੂੰ ਆਪਣੇ ਚਰਨਾਂ ਵਿਚ ਮਿਲਾ ਲੈਂਦਾ ਹੈ ॥੨॥
36879	866	ਕਰਮ ਧਰਮ ਇਹੁ ਤਤੁ ਗਿਆਨੁ॥		Karam Dhharam Eihu Thath Giaan ||	This is the essence of karma, righteous conduct and spiritual wisdom,	ਹੇ ਭਾਈ! ਇਹੀ ਹੈ ਧਾਰਮਿਕ ਕਰਮ ਅਤੇ ਇਹੀ ਹੈ ਅਸਲ ਗਿਆਨ,
36880	866	ਸਾਧਸੰਗਿ ਜਪੀਐ ਹਰਿ ਨਾਮੁ॥		Saadhhasang Japeeai Har Naam ||	To chant the Lord's Name in the Saadh Sangat, the Company of the Holy.	(ਜੋ) ਗੁਰੂ ਦੀ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਜਪਣਾ ਹੈ।
36881	866	ਸਾਗਰ ਤਰਿ ਬੋਹਿਥ ਪ੍ਰਭ ਚਰਣ॥		Saagar Thar Bohithh Prabh Charan ||	God's Feet are the boat to cross over the world-ocean.	ਹੇ ਭਾਈ! (ਉਸ) ਪਰਮਾਤਮਾ ਦੇ ਚਰਨਾਂ ਨੂੰ ਜਹਾਜ਼ ਬਣਾ ਕੇ ਇਸ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘ,
36882	866	ਅੰਤਰਜਾਮੀ ਪ੍ਰਭ ਕਾਰਣ ਕਰਣ॥੩॥		Antharajaamee Prabh Kaaran Karan ||3||	God, the Inner-knower, is the Cause of causes. ||3||	ਜੋ ਸਭ ਦੇ ਦਿਲ ਦੀ ਜਾਣਨ ਵਾਲਾ ਹੈ ਅਤੇ ਜਗਤ ਦੇ ਪੈਦਾ ਕਰਨ ਵਾਲਾ ਹੈ ॥੩॥
36883	866	ਰਾਖਿ ਲੀਏ ਅਪਨੀ ਕਿਰਪਾ ਧਾਰਿ॥		Raakh Leeeae Apanee Kirapaa Dhhaar ||	Showering His Mercy, He Himself has saved me.	ਹੇ ਭਾਈ! ਪ੍ਰਭੂ ਆਪਣੀ ਮੇਹਰ ਕਰ ਕੇ ਜਿਨ੍ਹਾਂ ਦੀ ਰੱਖਿਆ ਕਰਦਾ ਹੈ,

36884	866	ਪੰਚ ਦੂਤ ਭਾਗੇ ਬਿਕਰਾਲ॥		Panch Dhooth Bhaagae Bikaraal ||	The five hideous demons have run away.	(ਕਾਮਾਦਿਕ) ਪੰਜੇ ਡਰਾਉਣੇ ਵੈਰੀ ਉਹਨਾਂ ਤੋਂ ਪਰੇ ਭੱਜ ਜਾਂਦੇ ਹਨ।
36885	866	ਜੂਐ ਜਨਮੁ ਨ ਕਬਹੂ ਹਾਰਿ॥		Jooai Janam N Kabehoo Haar ||	Do not lose your life in the gamble.	ਉਹ ਮਨੁੱਖ (ਵਿਕਾਰਾਂ ਦੇ) ਜੂਏ ਵਿਚ ਆਪਣਾ ਜੀਵਨ ਕਦੇ ਭੀ ਨਹੀਂ ਗਵਾਂਦਾ,
36886	866	ਨਾਨਕ ਕਾ ਅੰਗੁ ਕੀਆ ਕਰਤਾਰਿ॥੪॥੧੨॥੧੪॥		Naanak Kaa Ang Keeaa Karathaar ||4||12||14||	The Creator Lord has taken Nanak's side. ||4||12||14||	ਹੇ ਨਾਨਕ! ਜਿਸ ਭੀ ਮਨੁੱਖ ਦਾ ਪੱਖ ਪਰਮਾਤਮਾ ਨੇ ਕੀਤਾ ਹੈ ॥੪॥੧੨॥੧੪॥
36887	866	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	
36888	866	ਕਰਿ ਕਿਰਪਾ ਸੁਖ ਅਨਦ ਕਰੇਇ॥	ਕਰੇ-ਇ	Kar Kirapaa Sukh Anadh Karaee ||	In His Mercy, He has blessed me with peace and bliss.	ਹੇ ਭਾਈ! (ਗੋਬਿੰਦ ਪ੍ਰਭੂ) ਮੇਹਰ ਕਰ ਕੇ (ਉਸ ਦੀ ਸਰਣ ਪੈਣ ਵਾਲਿਆਂ ਦੇ ਹਿਰਦੇ ਵਿਚ) ਆਤਮਿਕ ਸੁਖ ਅਤੇ ਆਨੰਦ ਪੈਦਾ ਕਰਦਾ ਹੈ।
36889	866	ਬਾਲਕ ਰਾਖਿ ਲੀਏ ਗੁਰਦੇਵਿ॥		Baalak Raakh Leeeae Guradhaev ||	The Divine Guru has saved His child.	ਉਸ ਸਭ ਤੋਂ ਵੱਡੇ ਪ੍ਰਭੂ ਨੇ (ਸਦਾ ਹੀ ਸਰਣ-ਪਏ ਆਪਣੇ) ਬੱਚਿਆਂ ਦੀ ਰੱਖਿਆ ਕੀਤੀ ਹੈ।
36890	866	ਪ੍ਰਭ ਕਿਰਪਾਲ ਦਇਆਲ ਗੋਬਿੰਦ॥		Prabh Kirapaal Dhaeiaal Guobindh ||	God is kind and compassionate; He is the Lord of the Universe.	ਹੇ ਭਾਈ! ਗੋਬਿੰਦ ਪ੍ਰਭੂ ਕਿਰਪਾ ਦਾ ਘਰ ਹੈ, ਦਇਆ ਦਾ ਸੋਮਾ ਹੈ,
36891	866	ਜੀਅ ਜੰਤ ਸਗਲੇ ਬਖਸਿੰਦ॥੧॥	ਬਖ-ਸਿੰਦ	Jeea Janth Sagalae Bakhasindh ||1||	He forgives all beings and creatures. ||1||	ਸਾਰੇ ਹੀ ਜੀਵਾਂ ਉਤੇ ਬਖ਼ਸ਼ਸ਼ ਕਰਨ ਵਾਲਾ ਹੈ ॥੧॥

36892	866	ਤੇਰੀ ਸਰਣਿ ਪ੍ਰਭ ਦੀਨ ਦਇਆਲ॥		Thaeree Saran Prabh Dheen Dhaeiaal ||	I seek Your Sanctuary, O God, O Merciful to the meek.	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! (ਅਸੀਂ ਜੀਵ) ਤੇਰੇ ਹੀ ਆਸਰੇ ਹਾਂ।
36893	866	ਪਾਰਬ੍ਰਹਮ ਜਪਿ ਸਦਾ ਨਿਹਾਲ॥੧॥ਰਹਾਉ॥		Paarabreham Jap Sadhaa Nihaal ||1|| Rehaao ||	Meditating on the Supreme Lord God, I am forever in ecstasy. ||1||Pause||	ਹੇ ਪਾਰਬ੍ਰਹਮ! (ਤੇਰਾ ਨਾਮ) ਜਪ ਕੇ ਸਦਾ ਖਿੜੇ ਰਹਿ ਸਕੀਦਾ ਹੈ ॥੧॥ ਰਹਾਉ ॥
36894	866	ਪ੍ਰਭ ਦਇਆਲ ਦੂਸਰ ਕੋਈ ਨਾਹੀ॥		Prabh Dhaeiaal Dhoosar Koee Naahee ||	There is no other like the Merciful Lord God.	ਹੇ ਪ੍ਰਭੂ! ਤੇਰੇ ਵਰਗਾ ਦਇਆ ਦਾ ਸੋਮਾ (ਜਗਤ ਵਿਚ) ਹੋਰ ਕੋਈ ਦੂਜਾ ਨਹੀਂ ਹੈ।
36895	866	ਘਟ ਘਟ ਅੰਤਰਿ ਸਰਬ ਸਮਾਹੀ॥		Ghatt Ghatt Anthar Sarab Samaahee ||	He is contained deep within each and every heart.	ਤੂੰ ਹਰੇਕ ਸਰੀਰ ਵਿਚ ਮੌਜੂਦ ਹੈਂ, ਤੂੰ ਸਾਰੇ ਜੀਵਾਂ ਵਿਚ ਵਿਆਪਕ ਹੈਂ।
36896	866	ਅਪਨੇ ਦਾਸ ਕਾ ਹਲਤੁ ਪਲਤੁ ਸਵਾਰੈ॥		Apanae Dhaas Kaa Halath Palath Savaarai ||	He embellishes His slave, here and hereafter.	ਹੇ ਭਾਈ! ਪ੍ਰਭੂ ਆਪਣੇ ਸੇਵਕ ਦਾ ਇਹ ਲੋਕ ਅਤੇ ਪਰਲੋਕ ਸੋਹਣਾ ਬਣਾ ਦੇਂਦਾ ਹੈ।
36897	866	ਪਤਿਤ ਪਾਵਨ ਪ੍ਰਭ ਬਿਰਦੁ ਤੁਮ੍ਹਾਰੈ॥੨॥		Pathith Paavan Prabh Biradh Thumhaarai ||2||	It is Your nature, God, to purify sinners. ||2||	ਹੇ ਪ੍ਰਭੂ! ਤੇਰੇ ਘਰ ਵਿਚ ਮੁੱਢ-ਕਦੀਮਾਂ ਦਾ ਹੀ ਇਹ ਸੁਭਾਉ ਹੈ ਕਿ ਤੂੰ ਵਿਕਾਰੀਆਂ ਨੂੰ ਭੀ ਸੁੱਚੇ ਜੀਵਨ ਵਾਲਾ ਬਣਾ ਦੇਂਦਾ ਹੈਂ ॥੨॥

36898	866	ਅਉਖਧ ਕੋਟਿ ਸਿਮਰਿ ਗੋਬਿੰਦ॥		Aoukhadhh Kott Simar Gobindh ||	Meditation on the Lord of the Universe is the medicine to cure millions of illnesses.	ਹੇ ਭਾਈ! ਗੋਬਿੰਦ ਦਾ ਨਾਮ ਸਿਮਰਿਆ ਕਰ, ਇਹ ਨਾਮ ਹੀ ਕ੍ਰੋੜਾਂ ਦਵਾਈਆਂ (ਦੇ ਬਰਾਬਰ) ਹੈ।
36899	866	ਤੰਤੁ ਮੰਤੁ ਭਜੀਐ ਭਗਵੰਤ॥	ਭਜੀਅ:ਪੋਲਾ ਬੋਲੋ	Thanth Manth Bhajeeai Bhagavanth ||	My Tantra and Mantra is to meditate, to vibrate upon the Lord God.	ਹੇ ਭਾਈ! ਭਗਵਾਨ ਦਾ ਨਾਮ ਜਪਣਾ ਚਾਹੀਦਾ ਹੈ, ਇਹ ਨਾਮ (ਸਭ ਤੋਂ ਵਧੀਆ) ਤੰਤ੍ਰ ਹੈ ਅਤੇ ਮੰਤ੍ਰ ਹੈ।
36900	866	ਰੋਗ ਸੋਗ ਮਿਟੇ ਪ੍ਰਭ ਧਿਆਏ॥		Rog Sog Mittae Prabh Dhhiaaeae ||	Illnesses and pains are dispelled, meditating on God.	ਜੇਹੜਾ ਮਨੁੱਖ ਇਸ ਨਾਮ ਨੂੰ ਸਿਮਰਦਾ ਹੈ, ਉਸ ਦੇ ਸਾਰੇ ਰੋਗ ਸਾਰੇ ਚਿੰਤਾ-ਫ਼ਿਕਰ ਮਿਟ ਜਾਂਦੇ ਹਨ।
36901	866	ਮਨ ਬਾਂਛਤ ਪੂਰਨ ਫਲ ਪਾਏ॥੩॥		Man Baanshhath Pooran Fal Paaeae ||3||	The fruits of the mind's desires are fulfilled. ||3||	ਉਹ ਮਨੁੱਖ ਸਾਰੇ ਹੀ ਮਨ-ਮੰਗੇ ਫਲ ਪ੍ਰਾਪਤ ਕਰ ਲੈਂਦਾ ਹੈ ॥੩॥
36902	866	ਕਰਨ ਕਾਰਨ ਸਮਰਥ ਦਇਆਰ॥	ਸਮਰੱਥ	Karan Kaaran Samarathh Dhaeiaar ||	He is the Cause of causes, the All-powerful Merciful Lord.	ਹੇ ਭਾਈ! ਪਰਮਾਤਮਾ ਜਗਤ ਦਾ ਮੂਲ ਹੈ, ਸਾਰੀਆਂ ਤਾਕਤਾਂ ਦਾ ਮਾਲਕ ਹੈ, ਦਇਆ ਦਾ ਸੋਮਾ ਹੈ।
36903	866	ਸਰਬ ਨਿਧਾਨ ਮਹਾ ਬੀਚਾਰ॥		Sarab Nidhhaan Mehaa Beechaar ||	Contemplating Him is the greatest of all treasures.	ਉਸ ਦੇ ਉੱਚੇ ਗੁਣਾਂ ਦਾ ਵਿਚਾਰ ਕਰਨਾ ਹੀ (ਜੀਵ ਵਾਸਤੇ) ਸਾਰੇ ਖ਼ਜ਼ਾਨੇ ਹੈ।
36904	866	ਨਾਨਕ ਬਖਸਿ ਲੀਏ ਪ੍ਰਭਿ ਆਪਿ॥		Naanak Bakhas Leeeae Prabh Aap ||	God Himself has forgiven Nanak;	ਹੇ ਨਾਨਕ! ਪ੍ਰਭੂ ਨੇ ਆਪ ਹੀ ਆਪਣੇ ਸੇਵਕਾਂ ਉਤੇ ਸਦਾ ਬਖ਼ਸ਼ਸ਼ ਕੀਤੀ ਹੈ।

36905	866	ਸਦਾ ਸਦਾ ਏਕੋ ਹਰਿ ਜਾਪਿ॥੪॥੧੩॥੧੫॥		Sadhaa Sadhaa Eaeko Har Jaap ||4||13||15||	Forever and ever, he chants the Name of the One Lord. ||4||13||15||	ਹੇ ਭਾਈ! ਸਦਾ ਹੀ ਉਸ ਇਕ ਪਰਮਾਤਮਾ ਦਾ ਨਾਮ ਜਪਿਆ ਕਰ ॥੪॥੧੩॥੧੫॥
36906	866	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	
36907	866	ਹਰਿ ਹਰਿ ਨਾਮੁ ਜਪਹੁ ਮੇਰੇ ਮੀਤ॥		Har Har Naam Japahu Maerae Meeth ||	Chant the Name of the Lord, Har, Har, O my friend.	ਹੇ ਮੇਰੇ ਮਿੱਤਰ! ਪਰਮਾਤਮਾ ਦਾ ਨਾਮ ਸਦਾ ਜਪਿਆ ਕਰ,
36908	867	ਨਿਰਮਲ ਹੋਇ ਤੁਮ੍ਹਾਰਾ ਚੀਤ॥		Niramal Hoe Thumhaaraa Cheeth ||	Your consciousness shall become immaculate and pure.	(ਨਾਮ ਦੀ ਬਰਕਤਿ ਨਾਲ) ਤੇਰਾ ਮਨ ਪਵਿੱਤਰ ਹੋ ਜਾਇਗਾ।
36909	867	ਮਨ ਤਨ ਕੀ ਸਭ ਮਿਟੈ ਬਲਾਇ॥		Man Than Kee Sabh Mittai Balaae ||	All the misfortunes of your mind and body shall be taken away,	(ਹੇ ਮਿੱਤਰ! ਨਾਮ ਜਪਿਆਂ) ਮਨ ਦੀ ਸਰੀਰ ਦੀ ਹਰੇਕ ਬਿਪਤਾ ਮਿਟ ਜਾਂਦੀ ਹੈ,
36910	867	ਦੂਖੁ ਅੰਧੇਰਾ ਸਗਲਾ ਜਾਇ॥੧॥		Dhookh Andhhaeraa Sagalaa Jaae ||1||	And all your pain and darkness will be dispelled. ||1||	ਹਰੇਕ ਦੁੱਖ ਦੂਰ ਹੋ ਜਾਂਦਾ ਹੈ, (ਮਾਇਆ ਦੇ ਮੋਹ ਦਾ) ਸਾਰਾ ਹਨੇਰਾ ਮੁੱਕ ਜਾਂਦਾ ਹੈ ॥੧॥
36911	867	ਹਰਿ ਗੁਣ ਗਾਵਤ ਤਰੀਐ ਸੰਸਾਰੁ॥		Har Gun Gaavath Thareeai Sansaar ||	Singing the Glorious Praises of the Lord, cross over the world-ocean.	ਹੇ ਭਾਈ! ਪਰਮਾਤਮਾ ਦੇ ਗੁਣ ਗਾਂਦਿਆਂ ਗਾਂਦਿਆਂ ਸੰਸਾਰ (-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ,

36912	867	ਵਡਭਾਗੀ ਪਾਈਐ ਪੁਰਖੁ ਅਪਾਰੁ॥੧॥ਰਹਾਉ॥		Vadd Bhaagee Paaeeai Purakh Apaar ||1|| Rehaao ||	By great good fortune, one attains the Infinite Lord, the Primal Being. ||1||Pause||	(ਭਾਗ ਜਾਗ ਪੈਂਦੇ ਹਨ) ਵੱਡੇ ਭਾਗਾਂ ਨਾਲ ਸਰਬ-ਵਿਆਪਕ ਬੇਅੰਤ ਪ੍ਰਭੂ ਮਿਲ ਪੈਂਦਾ ਹੈ ॥੧॥ ਰਹਾਉ ॥
36913	867	ਜੋ ਜਨੁ ਕਰੈ ਕੀਰਤਨੁ ਗੋਪਾਲ॥		Jo Jan Karai Keerathan Gopaal ||	The Messenger of Death cannot even touch that humble being,	ਹੇ ਮੇਰੇ ਮਿੱਤਰ! ਜੇਹੜਾ ਮਨੁੱਖ ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦਾ ਰਹਿੰਦਾ ਹੈ,
36914	867	ਤਿਸ ਕਉ ਪੋਹਿ ਨ ਸਕੈ ਜਮਕਾਲੁ॥		This Ko Pohi N Sakai Jamakaal ||	Who sings the Kirtan of the Lord's Praises.	ਉਸ ਨੂੰ ਮੌਤ ਦਾ ਡਰ ਪੋਹ ਨਹੀਂ ਸਕਦਾ।
36915	867	ਜਗ ਮਹਿ ਆਇਆ ਸੋ ਪਰਵਾਣੁ॥	ਜੱਗ	Jag Mehi Aaeiaa So Paravaan ||	The Gurmukh realizes his Lord and Master;	ਉਸ ਮਨੁੱਖ ਦਾ ਦੁਨੀਆ ਵਿਚ ਆਉਣਾ ਸਫਲ ਹੋ ਜਾਂਦਾ ਹੈ।
36916	867	ਗੁਰਮੁਖਿ ਅਪਨਾ ਖਸਮੁ ਪਛਾਣੁ॥੨॥		Guramukh Apanaa Khasam Pashhaan ||2||	His coming into this world is approved. ||2||	(ਹੇ ਮਿੱਤਰ! ਤੂੰ ਭੀ) ਗੁਰੂ ਦੀ ਸਰਨ ਪੈ ਕੇ ਆਪਣੇ ਮਾਲਕ-ਪ੍ਰਭੂ ਨਾਲ ਜਾਣ-ਪਛਾਣ ਪਾਈ ਰੱਖ ॥੨॥
36917	867	ਹਰਿ ਗੁਣ ਗਾਵੈ ਸੰਤ ਪ੍ਰਸਾਦਿ॥		Har Gun Gaavai Santh Prasaadh ||	He sings the Glorious Praises of the Lord, by the Grace of the Saints;	(ਹੇ ਮਿੱਤਰ! ਜੇਹੜਾ ਮਨੁੱਖ) ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ,
36918	867	ਕਾਮ ਕ੍ਰੋਧ ਮਿਟਹਿ ਉਨਮਾਦ॥	(ਉਨਮਾਦ)ਹੰਕਾਰ, ਕਮਲਪੁਣਾ	Kaam Krodhh Mittehi Ounamaadh ||	His sexual desire, anger and madness are eradicated.	(ਉਸ ਦੇ ਅੰਦਰੋਂ) ਕਾਮ ਕ੍ਰੋਧ (ਆਦਿਕ) ਝੱਲ-ਪੁਣੇ ਮਿਟ ਜਾਂਦੇ ਹਨ।

36919	867	ਸਦਾ ਹਜੂਰਿ ਜਾਣੁ ਭਗਵੰਤ॥		Sadhaa Hajoor Jaan Bhagavanth ||	He knows the Lord God to be ever-present.	(ਹੇ ਮਿੱਤਰ!) ਭਗਵਾਨ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਸਮਝਿਆ ਕਰ।
36920	867	ਪੂਰੇ ਗੁਰ ਕਾ ਪੂਰਨ ਮੰਤ॥੩॥		Poorae Gur Kaa Pooran Manth ||3||	This is the Perfect Teaching of the Perfect Guru. ||3||	ਅਤੇ ਪੂਰੇ ਗੁਰੂ ਦਾ ਸੱਚਾ ਉਪਦੇਸ਼ ਲੈ ਕੇ (ਉਸ ਦਾ ਸਿਮਰਨ ਕਰ) ॥੩॥
36921	867	ਹਰਿ ਧਨੁ ਖਾਟਿ ਕੀਏ ਭੰਡਾਰ॥		Har Dhhan Khaatt Keeeae Bhanddaar ||	He earns the treasure of the Lord's wealth.	ਜਿਸ ਮਨੁੱਖ ਨੇ ਹਰਿ-ਨਾਮ ਧਨ ਖੱਟ ਕੇ ਖ਼ਜ਼ਾਨੇ ਭਰ ਲਏ,
36922	867	ਮਿਲਿ ਸਤਿਗੁਰ ਸਭਿ ਕਾਜ ਸਵਾਰ॥		Mil Sathigur Sabh Kaaj Savaar ||	Meeting with the True Guru, all his affairs are resolved.	ਗੁਰੂ ਨੂੰ ਮਿਲ ਕੇ ਉਸ ਨੇ ਆਪਣੇ ਸਾਰੇ ਹੀ ਕੰਮ ਸੰਵਾਰ ਲਏ।
36923	867	ਹਰਿ ਕੇ ਨਾਮ ਰੰਗ ਸੰਗਿ ਜਾਗਾ॥		Har Kae Naam Rang Sang Jaagaa ||	He is awake and aware in the Love of the Lord's Name;	ਹਰਿ-ਨਾਮ ਦੇ ਪ੍ਰੇਮ ਦੀ ਬਰਕਤਿ ਨਾਲ ਉਸ ਦਾ ਮਨ ਜਾਗ ਪੈਂਦਾ ਹੈ (ਕਾਮ ਕ੍ਰੋਧ ਆਦਿਕ ਵਿਕਾਰਾਂ ਵਲੋਂ ਉਹ ਸਦਾ ਸੁਚੇਤ ਰਹਿੰਦਾ ਹੈ),
36924	867	ਹਰਿ ਚਰਣੀ ਨਾਨਕ ਮਨੁ ਲਾਗਾ॥੪॥੧੪॥੧੬॥		Har Charanee Naanak Man Laagaa ||4||14||16||	O Nanak, his mind is attached to the Lord's Feet. ||4||14||16||	ਹੇ ਨਾਨਕ! ਉਸ ਦਾ ਮਨ ਪਰਮਾਤਮਾ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ ॥੪॥੧੪॥੧੬॥
36925	867	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	

36926	867	ਭਵਸਾਗਰ ਬੋਹਿਥ ਹਰਿ ਚਰਣ॥		Bhav Saagar Bohithh Har Charan ||	The Lord's Feet are the boat to cross over the terrifying world-ocean.	ਹੇ ਭਾਈ! ਪਰਮਾਤਮਾ ਦੇ ਚਰਨ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਵਾਸਤੇ ਜਹਾਜ਼ ਹਨ।
36927	867	ਸਿਮਰਤ ਨਾਮੁ ਨਾਹੀ ਫਿਰਿ ਮਰਣ॥		Simarath Naam Naahee Fir Maran ||	Meditating in remembrance on the Naam, the Name of the Lord, he does not die again.	ਪਰਮਾਤਮਾ ਦਾ ਨਾਮ ਸਿਮਰਦਿਆਂ ਮੁੜ ਮੁੜ (ਆਤਮਕ) ਮੌਤ ਨਹੀਂ ਹੁੰਦੀ।
36928	867	ਹਰਿ ਗੁਣ ਰਮਤ ਨਾਹੀ ਜਮ ਪੰਥ॥		Har Gun Ramath Naahee Jam Panthh ||	Chanting the Glorious Praises of the Lord, he does not have to walk on the Path of Death.	ਪ੍ਰਭੂ ਦੇ ਗੁਣ ਗਾਂਦਿਆਂ ਜਮਾਂ ਦਾ ਰਸਤਾ ਨਹੀਂ ਫੜਨਾ ਪੈਂਦਾ।
36929	867	ਮਹਾ ਬੀਚਾਰ ਪੰਚ ਦੂਤਹ ਮੰਥ॥੧॥	(ਮੰਥ)ਮਲਣਾ	Mehaa Beechaar Panch Dhootheh Manthh ||1||	Contemplating the Supreme Lord, the five demons are conquered. ||1||	(ਪਰਮਾਤਮਾ ਦੇ ਗੁਣਾਂ ਦੀ) ਵਿਚਾਰ ਜੋ ਹੋਰ ਸਾਰੀਆਂ ਵਿਚਾਰਾਂ ਤੋਂ ਉੱਤਮ ਹੈ (ਕਾਮਾਦਿਕ) ਪੰਜ ਵੈਰੀਆਂ ਦਾ ਨਾਸ ਕਰ ਦੇਂਦੀ ਹੈ ॥੧॥
36930	867	ਤਉ ਸਰਣਾਈ ਪੂਰਨ ਨਾਥ॥		Tho Saranaaee Pooran Naathh ||	I have entered Your Sanctuary, O Perfect Lord and Master.	ਹੇ ਸਾਰੇ ਗੁਣਾਂ ਨਾਲ ਭਰਪੂਰ ਖਸਮ-ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ।
36931	867	ਜੰਤ ਅਪਨੇ ਕਉ ਦੀਜਹਿ ਹਾਥ॥੧॥ਰਹਾਉ॥		Janth Apanae Ko Dheejehi Haathh ||1|| Rehaao ||	Please give Your hand to Your creatures. ||1||Pause||	(ਮੈਨੂੰ) ਆਪਣੇ ਪੈਦਾ ਕੀਤੇ ਗਰੀਬ ਸੇਵਕ ਨੂੰ ਕਿਰਪਾ ਕਰ ਕੇ ਆਪਣੇ ਹੱਥ ਫੜਾ ॥੧॥ ਰਹਾਉ ॥

36932	867	ਸਿਮ੍ਰਿਤ ਸਾਸਤ੍ਰ ਬੇਦ ਪੁਰਾਣ॥		Simrith Saasathr Baedh Puraan ||	The Simritees, Shaastras, Vedas and Puraanas	ਹੇ ਭਾਈ! ਸਿਮ੍ਰਿਤੀਆਂ, ਸ਼ਾਸਤਰ, ਵੇਦ, ਪੁਰਾਣ (ਆਦਿਕ ਸਾਰੇ ਧਰਮ-ਪੁਸਤਕ)
36933	867	ਪਾਰਬ੍ਰਹਮ ਕਾ ਕਰਹਿ ਵਖਿਆਣ॥		Paarabreham Kaa Karehi Vakhiaan ||	Expound upon the Supreme Lord God.	ਪਰਮਾਤਮਾ ਦੇ ਗੁਣਾਂ ਦਾ ਬਿਆਨ ਕਰਦੇ ਹਨ।
36934	867	ਜੋਗੀ ਜਤੀ ਬੈਸਨੋ ਰਾਮਦਾਸ॥		Jogee Jathee Baisano Raamadhaas ||	The Yogis, celibates, Vaishnavs and followers of Ram Das	ਜੋਗੀ ਜਤੀ, ਵੈਸ਼ਨਵ ਸਾਧੂ, (ਨਿਰਤ-ਕਾਰੀ ਕਰਨ ਵਾਲੇ) ਬੈਰਾਗੀ ਭਗਤ ਭੀ ਪ੍ਰਭੂ ਦੇ ਗੁਣਾਂ ਦਾ ਵਿਚਾਰ ਕਰਦੇ ਹਨ,
36935	867	ਮਿਤਿ ਨਾਹੀ ਬ੍ਰਹਮ ਅਬਿਨਾਸ॥੨॥		Mith Naahee Breham Abinaas ||2||	Cannot find the limits of the Eternal Lord God. ||2||	ਪਰ ਉਸ ਅਬਿਨਾਸੀ ਪ੍ਰਭੂ ਦਾ ਕੋਈ ਭੀ ਅੰਤ ਨਹੀਂ ਪਾ ਸਕਦਾ ॥੨॥
36936	867	ਕਰਣ ਪਲਾਹ ਕਰਹਿ ਸਿਵ ਦੇਵ॥	(ਪਲਾਹ)ਕੀਰਨੇ, ਯਤਨ ਪਾਗ਼ਲਾਂ ਵਾਂਙੂ ਬਕਨਾ	Karan Palaah Karehi Siv Dhaev ||	Shiva and the gods lament and moan,	ਹੇ ਭਾਈ! ਸ਼ਿਵ ਜੀ ਅਤੇ ਹੋਰ ਅਨੇਕਾਂ ਦੇਵਤੇ (ਉਸ ਪ੍ਰਭੂ ਦਾ ਅੰਤ ਲੱਭਣ ਵਾਸਤੇ) ਤਰਲੇ ਲੈਂਦੇ ਹਨ,
36937	867	ਤਿਲੁ ਨਹੀ ਬੂਝਹਿ ਅਲਖ ਅਭੇਵ॥	ਅ-ਲਖ। ਬੁੱਝਹਿ	Thil Nehee Boojhehi Alakh Abhaev ||	But they do not understand even a tiny bit of the unseen and unknown Lord.	ਪਰ ਉਸ ਦੇ ਸਰੂਪ ਨੂੰ ਰਤਾ ਭਰ ਭੀ ਨਹੀਂ ਸਮਝ ਸਕਦੇ। ਉਸ ਪ੍ਰਭੂ ਦਾ ਸਰੂਪ ਸਹੀ ਤਰੀਕੇ ਨਾਲ ਬਿਆਨ ਨਹੀਂ ਕੀਤਾ ਜਾ ਸਕਦਾ, ਉਸ ਪ੍ਰਭੂ ਦਾ ਭੇਤ ਨਹੀਂ ਪਾਇਆ ਜਾ ਸਕਦਾ।

36938	867	ਪ੍ਰੇਮ ਭਗਤਿ ਜਿਸੁ ਆਪੇ ਦੇਇ॥		Praem Bhagath Jis Aapae Dhaee ||	One whom the Lord Himself blesses with loving devotional worship,	(ਜਿਨ੍ਹਾਂ ਨੂੰ) ਪ੍ਰਭੂ ਆਪਣੀ ਪ੍ਰੇਮਾ ਭਗਤੀ ਬਖ਼ਸ਼ ਦਿੰਦਾ ਹੈ,
36939	867	ਜਗ ਮਹਿ ਵਿਰਲੇ ਕੇਈ ਕੇਇ॥੩॥	ਜੱਗ	Jag Mehi Viralae Kaeee Kaee ||3||	Is very rare in this world. ||3||	ਉਹ ਮਨੁੱਖ ਸੰਸਾਰ ਤੇ ਬਹੁਤ ਘੱਟ ਗਿਣਤੀ ਵਿੱਚ ਹੀ ਹਨ ॥੩॥
36940	867	ਮੋਹਿ ਨਿਰਗੁਣ ਗੁਣੁ ਕਿਛਹੂ ਨਾਹਿ॥		Mohi Niragun Gun Kishhehoo Naahi ||	I am worthless, with absolutely no virtue at all;	ਹੇ ਪ੍ਰਭੂ! (ਮੈਂ ਤਾਂ ਹਾਂ ਨਾ-ਚੀਜ਼। ਭਲਾ ਮੈਂ ਤੇਰਾ ਅੰਤ ਕਿਵੇਂ ਪਾ ਸਕਾਂ?) ਮੈਂ ਗੁਣ-ਹੀਣ ਵਿਚ ਕੋਈ ਭੀ ਗੁਣ ਨਹੀਂ ਹੈ।
36941	867	ਸਰਬ ਨਿਧਾਨ ਤੇਰੀ ਦ੍ਰਿਸਟੀ ਮਾਹਿ॥		Sarab Nidhhaan Thaeree Dhrisattee Maahi ||	All treasures are in Your Glance of Grace.	(ਹਾਂ,) ਤੇਰੀ ਮੇਹਰ ਦੀ ਨਿਗਾਹ ਵਿਚ ਸਾਰੇ ਖ਼ਜ਼ਾਨੇ ਹਨ (ਜਿਸ ਉਤੇ ਨਜ਼ਰ ਕਰਦਾ ਹੈਂ, ਉਸ ਨੂੰ ਪ੍ਰਾਪਤ ਹੋ ਜਾਂਦੇ ਹਨ)।
36942	867	ਨਾਨਕੁ ਦੀਨੁ ਜਾਚੈ ਤੇਰੀ ਸੇਵ॥		Naanak Dheen Jaachai Thaeree Saev ||	Nanak, the meek, desires only to serve You.	(ਤੇਰਾ ਦਾਸ) ਗਰੀਬ ਨਾਨਕ (ਤੈਥੋਂ) ਤੇਰੀ ਭਗਤੀ ਮੰਗਦਾ ਹੈ।
36943	867	ਕਰਿ ਕਿਰਪਾ ਦੀਜੈ ਗੁਰਦੇਵ॥੪॥੧੫॥੧੭॥		Kar Kirapaa Dheejai Guradhaev ||4||15||17||	Please be merciful, and grant him this blessing, O Divine Guru. ||4||15||17||	ਹੇ ਸਭ ਤੋਂ ਵੱਡੇ ਦੇਵ! ਮੇਹਰ ਕਰ ਕੇ ਇਹ ਖ਼ੈਰ ਪਾ ॥੪॥੧੫॥੧੭॥
36944	867	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	

36945	867	ਸੰਤ ਕਾ ਲੀਆ ਧਰਤਿ ਬਿਦਾਰਉ॥	(ਲੀਆ)ਫਿਟਕਾਰਿਆ	Santh Kaa Leeaa Dhharath Bidhaaro ||	One who is cursed by the Saints, is thrown down on the ground.	(ਹੇ ਭਾਈ! ਤਾਹੀਏਂ ਪਰਮਾਤਮਾ ਆਖਦਾ ਹੈ-) ਜਿਸ ਮਨੁੱਖ ਨੂੰ ਸੰਤ ਫਿਟਕਾਰ ਪਾਏ, ਮੈਂ ਉਸ ਦੀਆਂ ਜੜ੍ਹਾਂ ਪੁੱਟ ਦੇਂਦਾ ਹਾਂ।
36946	867	ਸੰਤ ਕਾ ਨਿੰਦਕੁ ਅਕਾਸ ਤੇ ਟਾਰਉ॥		Santh Kaa Nindhak Akaas Thae Ttaaro ||	The slanderer of the Saints is thrown down from the skies.	ਸੰਤ ਦੀ ਨਿੰਦਾ ਕਰਨ ਵਾਲੇ ਨੂੰ ਮੈਂ ਉੱਚੇ ਮਰਾਤਬੇ ਤੋਂ ਹੇਠਾਂ ਡੇਗ ਦੇਂਦਾ ਹਾਂ।
36947	867	ਸੰਤ ਕਉ ਰਾਖਉ ਅਪਨੇ ਜੀਅ ਨਾਲਿ॥		Santh Ko Raakho Apanae Jeea Naal ||	I hold the Saints close to my soul.	ਸੰਤ ਨੂੰ ਮੈਂ ਸਦਾ ਆਪਣੀ ਜਿੰਦ ਦੇ ਨਾਲ ਰੱਖਦਾ ਹਾਂ।
36948	867	ਸੰਤ ਉਧਾਰਉ ਤਤ ਖਿਣ ਤਾਲਿ॥੧॥	(ਤਤ)ਛੇਤੀ। (ਖਿਣ)ਖਿਨ ਚ। (ਤਾਲਿ)ਭਵਸਾਗਰ (ਤਤਖਿਣ)	Santh Oudhhaaro Thathakhin Thaal ||1||	The Saints are saved instantaneously. ||1||	(ਕਿਸੇ ਭੀ ਬਿਪਤਾ ਤੋਂ) ਸੰਤ ਨੂੰ ਮੈਂ ਤੁਰਤ ਉਸੇ ਵੇਲੇ ਬਚਾ ਲੈਂਦਾ ਹਾਂ ॥੧॥
36949	867	ਸੋਈ ਸੰਤੁ ਜਿ ਭਾਵੈ ਰਾਮ॥		Soee Santh J Bhaavai Raam ||	He alone is a Saint, who is pleasing to the Lord.	ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ, ਉਹੀ ਹੈ ਸੰਤ।
36950	867	ਸੰਤ ਗੋਬਿੰਦ ਕੈ ਏਕੈ ਕਾਮ॥੧॥ਰਹਾਉ॥		Santh Gobindh Kai Eaekai Kaam ||1|| Rehaao ||	The Saints, and God, have only one job to do. ||1||Pause||	ਸੰਤ ਦੇ ਹਿਰਦੇ ਵਿਚ ਅਤੇ ਗੋਬਿੰਦ ਦੇ ਮਨ ਵਿਚ ਇਕੋ ਜਿਹਾ ਕੰਮ ਹੁੰਦਾ ਹੈ ॥੧॥ ਰਹਾਉ ॥

36951	867	ਸੰਤ ਕੈ ਊਪਰਿ ਦੇਇ ਪ੍ਰਭੁ ਹਾਥ॥		Santh Kai Oopar Dhaee Prabh Haathh ||	God gives His hand to shelter the Saints.	ਹੇ ਭਾਈ! ਪ੍ਰਭੂ ਆਪਣਾ ਹੱਥ (ਆਪਣੇ) ਸੰਤ ਉੱਤੇ ਰੱਖਦਾ ਹੈ,
36952	867	ਸੰਤ ਕੈ ਸੰਗਿ ਬਸੈ ਦਿਨੁ ਰਾਤਿ॥		Santh Kai Sang Basai Dhin Raath ||	He dwells with His Saints, day and night.	ਪ੍ਰਭੂ ਆਪਣੇ ਸੰਤ ਦੇ ਨਾਲ ਦਿਨ ਰਾਤ (ਹਰ ਵੇਲੇ) ਵੱਸਦਾ ਹੈ।
36953	867	ਸਾਸਿ ਸਾਸਿ ਸੰਤਹ ਪ੍ਰਤਿਪਾਲਿ॥		Saas Saas Santheh Prathipaal ||	With each and every breath, He cherishes His Saints.	ਪ੍ਰਭੂ ਆਪਣੇ ਸੰਤਾਂ ਦੀ (ਉਹਨਾਂ ਦੇ) ਹਰੇਕ ਸਾਹ ਦੇ ਨਾਲ ਰਾਖੀ ਕਰਦਾ ਹੈ।
36954	867	ਸੰਤ ਕਾ ਦੋਖੀ ਰਾਜ ਤੇ ਟਾਲਿ॥੨॥		Santh Kaa Dhokhee Raaj Thae Ttaal ||2||	He takes the power away from the enemies of the Saints. ||2||	ਸੰਤ ਦਾ ਬੁਰਾ ਮੰਗਣ ਵਾਲੇ ਨੂੰ ਪ੍ਰਭੂ ਰਾਜ ਤੋਂ (ਭੀ) ਹੇਠਾਂ ਡੇਗ ਦੇਂਦਾ ਹੈ ॥੨॥
36955	867	ਸੰਤ ਕੀ ਨਿੰਦਾ ਕਰਹੁ ਨ ਕੋਇ॥		Santh Kee Nindhaa Karahu N Koe ||	Let no one slander the Saints.	ਹੇ ਭਾਈ! ਕੋਈ ਭੀ ਮਨੁੱਖ ਕਿਸੇ ਸੰਤ ਦੀ ਨਿੰਦਾ ਨਾਹ ਕਰਿਆ ਕਰੇ।
36956	867	ਜੋ ਨਿੰਦੈ ਤਿਸ ਕਾ ਪਤਨੁ ਹੋਇ॥	(ਪਤਨੁ)ਨਾਸ	Jo Nindhai This Kaa Pathan Hoe ||	Whoever slanders them, will be destroyed.	ਜੇਹੜਾ ਭੀ ਮਨੁੱਖ ਨਿੰਦਾ ਕਰਦਾ ਹੈ, ਉਹ ਆਤਮਕ ਜੀਵਨ ਤੋਂ ਡਿੱਗ ਪੈਂਦਾ ਹੈ।
36957	867	ਜਿਸ ਕਉ ਰਾਖੈ ਸਿਰਜਨਹਾਰੁ॥		Jis Ko Raakhai Sirajanehaar ||	One who is protected by the Creator Lord,	ਕਰਤਾਰ ਆਪ ਜਿਸ ਮਨੁੱਖ ਦੀ ਰੱਖਿਆ ਕਰਦਾ ਹੈ,
36958	867	ਝਖ ਮਾਰਉ ਸਗਲ ਸੰਸਾਰੁ॥੩॥	ਝਖ:ਪੋਲਾ ਬੋਲੋ	Jhakh Maaro Sagal Sansaar ||3||	Cannot be harmed, no matter how much the whole world may try. ||3||	ਸਾਰਾ ਸੰਸਾਰ (ਉਸ ਦਾ ਨੁਕਸਾਨ ਕਰਨ ਲਈ) ਬੇ-ਸ਼ੱਕ ਪਿਆ ਝਖਾਂ ਮਾਰੇ (ਉਸ ਦਾ ਕੋਈ ਵਿਗਾੜ ਨਹੀਂ ਕਰ ਸਕਦਾ) ॥੩॥

36959	867	ਪ੍ਰਭ ਅਪਨੇ ਕਾ ਭਇਆ ਬਿਸਾਸੁ॥		Prabh Apanae Kaa Bhaeiaa Bisaas ||	I place my faith in my God.	ਹੇ ਭਾਈ! ਜਿਸ ਮਨੁੱਖ ਨੂੰ ਆਪਣੇ ਪ੍ਰਭੂ ਉਤੇ ਭਰੋਸਾ ਬਣ ਜਾਂਦਾ ਹੈ,
36960	867	ਜੀਉ ਪਿੰਡੁ ਸਭੁ ਤਿਸ ਕੀ ਰਾਸਿ॥		Jeeo Pindd Sabh This Kee Raas ||	My soul and body all belong to Him.	(ਉਸ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ) ਇਹ ਜਿੰਦ ਤੇ ਇਹ ਸਰੀਰ ਸਭ ਕੁਝ ਉਸ ਪ੍ਰਭੂ ਦਾ ਦਿੱਤਾ ਹੋਇਆ ਹੀ ਸਰਮਾਇਆ ਹੈ।
36961	867	ਨਾਨਕ ਕਉ ਉਪਜੀ ਪਰਤੀਤਿ॥		Naanak Ko Oupajee Paratheeth ||	This is the faith which inspires Nanak:	ਹੇ ਭਾਈ! ਨਾਨਕ ਦੇ ਹਿਰਦੇ ਵਿਚ ਭੀ ਇਹ ਯਕੀਨ ਬਣ ਗਿਆ ਹੈ,
36962	867	ਮਨਮੁਖ ਹਾਰ ਗੁਰਮੁਖ ਸਦ ਜੀਤਿ॥੪॥੧੬॥੧੮॥		Manamukh Haar Guramukh Sadh Jeeth ||4||16||18||	The self-willed manmukhs will fail, while the Gurmukhs will always win. ||4||16||18||	ਕਿ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਜੀਵਨ-ਬਾਜ਼ੀ ਵਿਚ) ਹਾਰ ਜਾਂਦਾ ਹੈ, ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਨੂੰ ਸਦਾ ਜਿੱਤ ਪ੍ਰਾਪਤ ਹੁੰਦੀ ਹੈ ॥੪॥੧੬॥੧੮॥
36963	867	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	
36964	867	ਨਾਮੁ ਨਿਰੰਜਨੁ ਨੀਰਿ ਨਰਾਇਣ॥		Naam Niranjan Neer Naraaein ||	The Name of the Immaculate Lord is the Ambrosial Water.	ਹੇ ਭਾਈ! ਨਾਰਾਇਣ ਦਾ ਨਾਮ ਮਾਇਆ ਦੀ ਕਾਲਖ ਤੋਂ ਬਚਾਣ ਵਾਲਾ (ਹੈ, ਇਸ ਨੂੰ ਆਪਣੇ ਹਿਰਦੇ ਵਿਚ) ਸਿੰਜ।
36965	867	ਰਸਨਾ ਸਿਮਰਤ ਪਾਪ ਬਿਲਾਇਣ॥੧॥ਰਹਾਉ॥		Rasanaa Simarath Paap Bilaaein ||1|| Rehaao ||	Chanting it with the tongue, sins are washed away. ||1||Pause||	(ਇਹ ਨਾਮ) ਜੀਭ ਨਾਲ ਜਪਦਿਆਂ (ਸਾਰੇ) ਪਾਪ ਦੂਰ ਹੋ ਜਾਂਦੇ ਹਨ ॥੧॥ ਰਹਾਉ ॥

36966	868	ਨਾਰਾਇਣ ਸਭ ਮਾਹਿ ਨਿਵਾਸ॥		Naaraaein Sabh Maahi Nivaas ||	The Lord abides in everyone.	ਹੇ ਭਾਈ! ਸਭ ਜੀਵਾਂ ਵਿਚ ਨਾਰਾਇਣ ਦਾ ਨਿਵਾਸ ਹੈ,
36967	868	ਨਾਰਾਇਣ ਘਟਿ ਘਟਿ ਪਰਗਾਸ॥		Naaraaein Ghatt Ghatt Paragaas ||	The Lord illumines each and every heart.	ਹਰੇਕ ਸਰੀਰ ਵਿਚ ਨਾਰਾਇਣ (ਦੀ ਜੋਤਿ) ਦਾ ਹੀ ਚਾਨਣ ਹੈ।
36968	868	ਨਾਰਾਇਣ ਕਹਤੇ ਨਰਕਿ ਨ ਜਾਹਿ॥		Naaraaein Kehathae Narak N Jaahi ||	Chanting the Lord's Name, one does not fall into hell.	ਨਾਰਾਇਣ (ਦਾ ਨਾਮ) ਜਪਣ ਵਾਲੇ ਜੀਵ ਨਰਕ ਵਿਚ ਨਹੀਂ ਪੈਂਦੇ।
36969	868	ਨਾਰਾਇਣ ਸੇਵਿ ਸਗਲ ਫਲ ਪਾਹਿ॥੧॥		Naaraaein Saev Sagal Fal Paahi ||1||	Serving the Lord, all fruitful rewards are obtained. ||1||	ਨਾਰਾਇਣ ਦੀ ਭਗਤੀ ਕਰ ਕੇ ਸਾਰੇ ਫਲ ਪ੍ਰਾਪਤ ਕਰ ਲੈਂਦੇ ਹਨ ॥੧॥
36970	868	ਨਾਰਾਇਣ ਮਨ ਮਾਹਿ ਅਧਾਰ॥		Naaraaein Man Maahi Adhhaar ||	Within my mind is the Support of the Lord.	ਹੇ ਭਾਈ! ਨਾਰਾਇਣ (ਦੇ ਨਾਮ) ਨੂੰ (ਆਪਣੇ) ਮਨ ਵਿਚ ਆਸਰਾ ਬਣਾ ਲੈ,
36971	868	ਨਾਰਾਇਣ ਬੋਹਿਥ ਸੰਸਾਰ॥		Naaraaein Bohithh Sansaar ||	The Lord is the boat to cross over the world-ocean.	ਨਾਰਾਇਣ (ਦਾ ਨਾਮ) ਸੰਸਾਰ-ਸਮੁੰਦਰ ਵਿਚੋਂ ਪਾਰ ਲੰਘਣ ਲਈ ਜਹਾਜ਼ ਹੈ।
36972	868	ਨਾਰਾਇਣ ਕਹਤ ਜਮੁ ਭਾਗਿ ਪਲਾਇਣ॥		Naaraaein Kehath Jam Bhaag Palaaein ||	Chant the Lord's Name, and the Messenger of Death will run away.	ਨਾਰਾਇਣ ਦਾ ਨਾਮ ਜਪਦਿਆਂ ਜਮ ਭੱਜ ਕੇ ਪਰੇ ਚਲਾ ਜਾਂਦਾ ਹੈ।
36973	868	ਨਾਰਾਇਣ ਦੰਤ ਭਾਨੇ ਡਾਇਣ॥੨॥		Naaraaein Dhanth Bhaanae Ddaaein ||2||	The Lord breaks the teeth of Maya, the witch. ||2||	ਨਾਰਾਇਣ (ਦਾ ਨਾਮ ਮਾਇਆ) ਡੈਣ ਦੇ ਦੰਦ ਭੰਨ ਦੇਂਦਾ ਹੈ ॥੨॥

36974	868	ਨਾਰਾਇਣ ਸਦ ਸਦ ਬਖਸਿੰਦ॥	ਬਖ-ਸਿੰਦ	Naaraaein Sadh Sadh Bakhasindh ||	The Lord is forever and ever the Forgiver.	ਹੇ ਭਾਈ! ਨਾਰਾਇਣ ਸਦਾ ਹੀ ਬਖ਼ਸ਼ਣਹਾਰ ਹੈ।
36975	868	ਨਾਰਾਇਣ ਕੀਨੇ ਸੂਖ ਅਨੰਦ॥		Naaraaein Keenae Sookh Anandh ||	The Lord blesses us with peace and bliss.	ਨਾਰਾਇਣ (ਆਪਣੇ ਸੇਵਕਾਂ ਦੇ ਹਿਰਦੇ ਵਿਚ) ਸੁਖ ਆਨੰਦ ਪੈਦਾ ਕਰਦਾ ਹੈ,
36976	868	ਨਾਰਾਇਣ ਪ੍ਰਗਟ ਕੀਨੋ ਪਰਤਾਪ॥		Naaraaein Pragatt Keeno Parathaap ||	The Lord has revealed His glory.	(ਉਹਨਾਂ ਦੇ ਅੰਦਰ ਆਪਣਾ) ਤੇਜ-ਪਰਤਾਪ ਪਰਗਟ ਕਰਦਾ ਹੈ।
36977	868	ਨਾਰਾਇਣ ਸੰਤ ਕੋ ਮਾਈ ਬਾਪ॥੩॥		Naaraaein Santh Ko Maaee Baap ||3||	The Lord is the mother and father of His Saint. ||3||	ਹੇ ਭਾਈ! ਨਾਰਾਇਣ ਆਪਣੇ ਸੇਵਕਾਂ ਸੰਤਾਂ ਦਾ ਮਾਂ ਪਿਉ (ਵਾਂਗ ਰਾਖਾ) ਹੈ ॥੩॥
36978	868	ਨਾਰਾਇਣ ਸਾਧਸੰਗਿ ਨਰਾਇਣ॥		Naaraaein Saadhhasang Naraaein ||	The Lord, the Lord, is in the Saadh Sangat, the Company of the Holy.	ਹੇ ਭਾਈ! ਜੇਹੜੇ ਮਨੁੱਖ ਸਾਧ ਸੰਗਤਿ ਵਿਚ ਟਿਕ ਕੇ ਸਦਾ ਨਾਰਾਇਣ ਦਾ ਨਾਮ ਜਪਦੇ ਹਨ,
36979	868	ਬਾਰੰ ਬਾਰ ਨਰਾਇਣ ਗਾਇਣ॥		Baaran Baar Naraaein Gaaein ||	Time and time again, I sing the Lord's Praises.	ਮੁੜ ਮੁੜ ਉਸ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਹਨ,
36980	868	ਬਸਤੁ ਅਗੋਚਰ ਗੁਰ ਮਿਲਿ ਲਹੀ॥		Basath Agochar Gur Mil Lehee ||	Meeting with the Guru, I have attained the incomprehensible object.	ਉਹ ਮਨੁੱਖ ਗੁਰੂ ਨੂੰ ਮਿਲ ਕੇ (ਉਹ ਮਿਲਾਪ-ਰੂਪ ਕੀਮਤੀ) ਚੀਜ਼ ਲੱਭ ਲੈਂਦੇ ਹਨ ਜੇਹੜੀ ਇਹਨਾਂ ਇੰਦਰਿਆਂ ਦੀ ਪਹੁੰਚ ਤੋਂ ਪਰੇ ਹੈ।

36981	868	ਨਾਰਾਇਣ ਓਟ ਨਾਨਕ ਦਾਸ ਗਹੀ॥੪॥੧੭॥੧੯॥		Naaraaein Outt Naanak Dhaas Gehee ||4||17||19||	Slave Nanak has grasped the Support of the Lord. ||4||17||19||	ਹੇ ਨਾਨਕ! ਨਾਰਾਇਣ ਦੇ ਦਾਸ ਸਦਾ ਨਾਰਾਇਣ ਦਾ ਆਸਰਾ ਲਈ ਰੱਖਦੇ ਹਨ ॥੪॥੧੭॥੧੯॥
36982	868	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	
36983	868	ਜਾ ਕਉ ਰਾਖੈ ਰਾਖਣਹਾਰੁ॥		Jaa Ko Raakhai Raakhanehaar ||	One who is protected by the Protector Lord	ਹੇ ਭਾਈ! ਜਿਸ ਮਨੁੱਖ ਨੂੰ ਰੱਖਣ-ਜੋਗ ਪ੍ਰਭੂ (ਕਾਮਾਦਿਕ ਵਿਕਾਰਾਂ ਤੋਂ) ਬਚਾਣਾ ਚਾਹੁੰਦਾ ਹੈ,
36984	868	ਤਿਸ ਕਾ ਅੰਗੁ ਕਰੇ ਨਿਰੰਕਾਰੁ॥੧॥ਰਹਾਉ॥		This Kaa Ang Karae Nirankaar ||1|| Rehaao ||	- the Formless Lord is on his side. ||1||Pause||	ਪ੍ਰਭੂ ਉਸ ਮਨੁੱਖ ਦਾ ਪੱਖ ਕਰਦਾ ਹੈ (ਉਸ ਦੀ ਮਦਦ ਕਰਦਾ ਹੈ) ॥੧॥ ਰਹਾਉ ॥
36985	868	ਮਾਤ ਗਰਭ ਮਹਿ ਅਗਨਿ ਨ ਜੋਹੈ॥		Maath Garabh Mehi Agan N Johai ||	In the mother's womb, the fire does not touch him.	ਹੇ ਭਾਈ! (ਜਿਵੇਂ ਜੀਵ ਨੂੰ) ਮਾਂ ਦੇ ਪੇਟ ਵਿਚ ਅੱਗ ਦੁੱਖ ਨਹੀਂ ਦੇਂਦੀ,
36986	868	ਕਾਮੁ ਕ੍ਰੋਧੁ ਲੋਭੁ ਮੋਹੁ ਨ ਪੋਹੈ॥		Kaam Krodhh Lobh Mohu N Pohai ||	Sexual desire, anger, greed and emotional attachment do not affect him.	(ਤਿਵੇਂ ਪ੍ਰਭੂ ਜਿਸ ਮਨੁੱਖ ਦਾ ਪੱਖ ਕਰਦਾ ਹੈ, ਉਸ ਨੂੰ) ਕਾਮ, ਕ੍ਰੋਧ, ਲੋਭ, ਮੋਹ (ਕੋਈ ਭੀ) ਆਪਣੇ ਦਬਾਉ ਵਿਚ ਨਹੀਂ ਲਿਆ ਸਕਦਾ।

36987	868	ਸਾਧਸੰਗਿ ਜਪੈ ਨਿਰੰਕਾਰੁ॥		Saadhhasang Japai Nirankaar ||	In the Saadh Sangat, the Company of the Holy, he meditates on the Formless Lord.	ਉਹ ਮਨੁੱਖ ਗੁਰੂ ਦੀ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਜਪਦਾ ਹੈ,
36988	868	ਨਿੰਦਕ ਕੈ ਮੁਹਿ ਲਾਗੈ ਛਾਰੁ॥੧॥		Nindhak Kai Muhi Laagai Shhaar ||1||	Dust is thrown into the faces of the slanderers. ||1||	(ਪਰ ਉਸ) ਦੀ ਨਿੰਦਾ ਕਰਨ ਵਾਲੇ ਮਨੁੱਖ ਦੇ ਸਿਰ ਉਤੇ ਸੁਆਹ ਪੈਂਦੀ ਹੈ (ਨਿੰਦਕ ਬਦਨਾਮੀ ਹੀ ਖੱਟਦਾ ਹੈ) ॥੧॥
36989	868	ਰਾਮ ਕਵਚੁ ਦਾਸ ਕਾ ਸੰਨਾਹੁ॥	ਵਿਆਪਕ ਰਾਮ (ਸੰਨਾਹੁ)ਸੰਜੋਅ ਹੀ ਦਾਸਨ ਦਾਸ ਦਾ (ਕਵਚੁ)ਸੰਜੋਅ, ਪਾਪਾਂ ਵਿਕਾਰਾਂ ਔਗੁਣਾਂ ਤੋਂ ਰੱਖਿਆ ਕਰਨ ਵਾਲਾ ਹੈ। ਕਵ-ਚੁ:ਪੋਲਾ ਬੋਲੋ		Raam Kavach Dhaas Kaa Sannaahu ||	The Lord's protective spell is the armor of His slave.	ਹੇ ਭਾਈ! ਪਰਮਾਤਮਾ (ਦਾ ਨਾਮ) ਸੇਵਕ ਵਾਸਤੇ (ਸ਼ਸਤ੍ਰਾਂ ਦੀ ਮਾਰ ਤੋਂ ਬਚਾਣ ਵਾਲਾ) ਤੰਤ੍ਰ ਹੈ, ਸੰਜੋਅ ਹੈ।
36990	868	ਦੂਤ ਦੁਸਟ ਤਿਸੁ ਪੋਹਤ ਨਾਹਿ॥		Dhooth Dhusatt This Pohath Naahi ||	The wicked, evil demons cannot even touch him.	(ਜਿਸ ਮਨੁੱਖ ਦੇ ਪਾਸ ਰਾਮ-ਨਾਮ ਦਾ ਕਵਚ ਹੈ ਸੰਜੋਅ ਹੈ) ਉਸ ਨੂੰ (ਕਾਮਾਦਿਕ) ਚੰਦਰੇ ਵੈਰੀ ਪੋਹ ਨਹੀਂ ਸਕਦੇ।
36991	868	ਜੋ ਜੋ ਗਰਬੁ ਕਰੇ ਸੋ ਜਾਇ॥		Jo Jo Garab Karae So Jaae ||	Whoever indulges in egotistical pride, shall waste away to ruin.	(ਪਰ) ਜੇਹੜਾ ਜੇਹੜਾ ਮਨੁੱਖ (ਆਪਣੀ ਤਾਕਤ ਦਾ) ਮਾਣ ਕਰਦਾ ਹੈ, ਉਹ (ਆਤਮਕ ਜੀਵਨ ਵਲੋਂ) ਤਬਾਹ ਹੋ ਜਾਂਦਾ ਹੈ।

36992	868	ਗਰੀਬ ਦਾਸ ਕੀ ਪ੍ਰਭੁ ਸਰਣਾਇ॥੨॥		Gareeb Dhaas Kee Prabh Saranaae ||2||	God is the Sanctuary of His humble slave. ||2||	ਗ਼ਰੀਬ ਦਾ ਆਸਰਾ ਸੇਵਕ ਦਾ ਆਸਰਾ ਪ੍ਰਭੂ ਆਪ ਹੈ ॥੨॥
36993	868	ਜੋ ਜੋ ਸਰਣਿ ਪਇਆ ਹਰਿ ਰਾਇ॥		Jo Jo Saran Paeiaa Har Raae ||	Whoever enters the Sanctuary of the Sovereign Lord	ਹੇ ਭਾਈ! ਜੇਹੜਾ ਜੇਹੜਾ ਮਨੁੱਖ ਪ੍ਰਭੂ ਪਾਤਿਸ਼ਾਹ ਦੀ ਸਰਨੀ ਪੈ ਜਾਂਦਾ ਹੈ,
36994	868	ਸੋ ਦਾਸੁ ਰਖਿਆ ਅਪਣੈ ਕੰਠਿ ਲਾਇ॥		So Dhaas Rakhiaa Apanai Kanth Laae ||	#NAME?	ਉਸ ਸੇਵਕ ਨੂੰ ਪ੍ਰਭੂ ਆਪਣੇ ਗਲ ਨਾਲ ਲਾ ਕੇ (ਦੁਸਟ ਦੂਤਾਂ ਤੋਂ) ਬਚਾ ਲੈਂਦਾ ਹੈ।
36995	868	ਜੇ ਕੋ ਬਹੁਤੁ ਕਰੇ ਅਹੰਕਾਰੁ ॥	ਅਹੰ-ਕਾਰੁ	Jae Ko Bahuth Karae Ahankaar ||	Whoever takes great pride in himself,	ਪਰ ਜੇਹੜਾ ਮਨੁੱਖ (ਆਪਣੀ ਹੀ ਤਾਕਤ ਉਤੇ) ਬੜਾ ਮਾਣ ਕਰਦਾ ਹੈ,
36996	868	ਓਹੁ ਖਿਨ ਮਹਿ ਰੁਲਤਾ ਖਾਕੂ ਨਾਲਿ॥੩॥		Ouhu Khin Mehi Rulathaa Khaakoo Naal ||3||	In an instant, shall be like dust mixing with dust. ||3||	ਉਹ ਮਨੁੱਖਾਂ (ਇਹਨਾਂ ਦੂਤਾਂ ਦੇ ਟਾਕਰੇ ਤੇ) ਇਕ ਖਿਨ ਵਿਚ ਹੀ ਮਿੱਟੀ ਵਿਚ ਮਿਲ ਜਾਂਦਾ ਹੈ ॥੩॥
36997	868	ਹੈ ਭੀ ਸਾਚਾ ਹੋਵਣਹਾਰੁ॥		Hai Bhee Saachaa Hovanehaar ||	The True Lord is, and shall always be.	ਹੇ ਭਾਈ! ਸਦਾ ਕਾਇਮ ਰਹਿਣ ਵਾਲਾ ਪ੍ਰਭੂ ਹੁਣ ਭੀ ਮੌਜੂਦ ਹੈ, ਸਦਾ ਲਈ ਮੌਜੂਦ ਰਹੇਗਾ।
36998	868	ਸਦਾ ਸਦਾ ਜਾਈਂ ਬਲਿਹਾਰ ॥		Sadhaa Sadhaa Jaaeanaee Balihaar ||	Forever and ever, I am a sacrifice to Him.	ਮੈਂ ਸਦਾ ਉਸੇ ਉਤੋਂ ਸਦਕੇ ਜਾਂਦਾ ਹਾਂ।

36999	868	ਅਪਨੇ ਦਾਸ ਰਖੇ ਕਿਰਪਾ ਧਾਰਿ॥		Apanae Dhaas Rakhae Kirapaa Dhhaar ||	Granting His Mercy, He saves His slaves.	ਹੇ ਭਾਈ! ਪ੍ਰਭੂ ਆਪਣੇ ਦਾਸ ਨੂੰ ਕਿਰਪਾ ਕਰ ਕੇ (ਵਿਕਾਰਾਂ ਤੋਂ ਸਦਾ) ਬਚਾਂਦਾ ਹੈ।
37000	868	ਨਾਨਕ ਕੇ ਪ੍ਰਭ ਪ੍ਰਾਣ ਅਧਾਰ॥੪॥੧੮॥੨੦॥		Naanak Kae Prabh Praan Adhhaar ||4||18||20||	God is the Support of Nanak's breath of life. ||4||18||20||	ਨਾਨਕ ਦੇ ਪ੍ਰਭੂ ਜੀ ਆਪਣੇ ਦਾਸਾਂ ਦੀ ਜਿੰਦ ਦਾ ਆਸਰਾ ਹਨ ॥੪॥੧੮॥੨੦॥
37001	868	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	
37002	868	ਅਚਰਜ ਕਥਾ ਮਹਾ ਅਨੂਪ॥	ਅ-ਚਰਜ	Acharaj Kathhaa Mehaa Anoop ||	Wondrous and beautiful is the description of the beauty of the Supreme Soul,	ਹੇ ਭਾਈ! ਜਿਸ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਹੈਰਾਨ ਕਰਨ ਵਾਲੀਆਂ ਹਨ ਤੇ ਬੜੀਆਂ ਅਦੁਤੀ ਹਨ,
37003	868	ਪ੍ਰਾਤਮਾ ਪਾਰਬ੍ਰਹਮ ਕਾ ਰੂਪੁ॥ਰਹਾਉ॥	(ਪ੍ਰਾਤਮਾ)ਜੀਵਆਤਮਾ। (ਪਾਰਬ੍ਰਹਮ)ਅਕਾਲ ਪੁਰਖ	Praathamaa Paarabreham Kaa Roop || Rehaao ||	The Supreme Lord God. ||Pause||	ਜੀਵਾਤਮਾ ਉਸ ਪਰਮਾਤਮਾ ਦਾ ਹੀ ਰੂਪ ਹੈ ਰਹਾਉ॥
37004	868	ਨਾ ਇਹੁ ਬੂਢਾ ਨਾ ਇਹੁ ਬਾਲਾ॥		Naa Eihu Boodtaa Naa Eihu Baalaa ||	He is not old; He is not young.	(ਹੇ ਭਾਈ! ਜੀਵਾਤਮਾ ਜਿਸ ਪਰਮਾਤਮਾ ਦਾ ਰੂਪ ਹੈ ਉਹ ਐਸਾ ਹੈ ਕਿ) ਨਾਹ ਇਹ ਕਦੇ ਬੁੱਢਾ ਹੁੰਦਾ ਹੈ, ਨਾਹ ਹੀ ਇਹ ਕਦੇ ਬਾਲਕ (ਅਵਸਥਾ ਵਿਚ ਪਰ-ਅਧੀਨ) ਹੁੰਦਾ ਹੈ।
37005	868	ਨਾ ਇਸੁ ਦੂਖੁ ਨਹੀ ਜਮ ਜਾਲਾ॥		Naa Eis Dhookh Nehee Jam Jaalaa ||	He is not in pain; He is not caught in Death's noose.	ਇਸ ਨੂੰ ਕੋਈ ਦੁੱਖ ਨਹੀਂ ਪੋਹ ਸਕਦਾ, ਜਮਾਂ ਦਾ ਜਾਲ ਫਸਾ ਨਹੀਂ ਸਕਦਾ।

37006	868	ਨਾ ਇਹੁ ਬਿਨਸੈ ਨਾ ਇਹੁ ਜਾਇ॥		Naa Eihu Binasai Naa Eihu Jaae ||	He does not die; He does not go away.	(ਪਰਮਾਤਮਾ ਐਸਾ ਹੈ ਕਿ) ਨਾਹ ਇਹ ਕਦੇ ਮਰਦਾ ਹੈ ਨਾਹ ਜੰਮਦਾ ਹੈ,
37007	868	ਆਦਿ ਜੁਗਾਦੀ ਰਹਿਆ ਸਮਾਇ॥੧॥		Aadh Jugaadhee Rehiaa Samaae ||1||	In the beginning, and throughout the ages, He is permeating everywhere. ||1||	ਇਹ ਤਾਂ ਸ਼ੁਰੂ ਤੋਂ ਹੀ, ਜੁਗਾਂ ਦੇ ਸ਼ੁਰੂ ਤੋਂ ਹੀ (ਹਰ ਥਾਂ) ਵਿਆਪਕ ਚਲਿਆ ਆ ਰਿਹਾ ਹੈ ॥੧॥
37008	868	ਨਾ ਇਸੁ ਉਸਨੁ ਨਹੀ ਇਸੁ ਸੀਤੁ॥		Naa Eis Ousan Nehee Eis Seeth ||	He is not hot; He is not cold.	(ਹੇ ਭਾਈ! ਜੀਵਾਤਮਾ ਜਿਸ ਪ੍ਰਭੂ ਦਾ ਰੂਪ ਹੈ ਉਹ ਐਸਾ ਹੈ ਕਿ) ਇਸ ਨੂੰ (ਵਿਕਾਰਾਂ ਦੀ) ਤਪਸ਼ ਨਹੀਂ ਪੋਹ ਸਕਦੀ (ਚਿੰਤਾ-ਫ਼ਿਕਰ ਦਾ) ਪਾਲਾ ਨਹੀਂ ਵਿਆਪ ਸਕਦਾ।
37009	868	ਨਾ ਇਸੁ ਦੁਸਮਨੁ ਨਾ ਇਸੁ ਮੀਤੁ॥		Naa Eis Dhusaman Naa Eis Meeth ||	He has no enemy; He has no friend.	ਨਾਹ ਇਸ ਦਾ ਕੋਈ ਵੈਰੀ ਹੈ ਨਾਹ ਮਿੱਤਰ ਹੈ (ਕਿਉਂਕਿ ਇਸ ਦੇ ਬਰਾਬਰ ਦਾ ਕੋਈ ਨਹੀਂ)।
37010	868	ਨਾ ਇਸੁ ਹਰਖੁ ਨਹੀ ਇਸੁ ਸੋਗੁ॥		Naa Eis Harakh Nehee Eis Sog ||	He is not happy; He is not sad.	ਕੋਈ ਖ਼ੁਸ਼ੀ ਜਾਂ ਗ਼ਮੀ ਭੀ ਇਸ ਉਤੇ ਆਪਣਾ ਪ੍ਰਭਾਵ ਨਹੀਂ ਪਾ ਸਕਦੀ।
37011	868	ਸਭੁ ਕਿਛੁ ਇਸ ਕਾ ਇਹੁ ਕਰਨੈ ਜੋਗੁ॥੨॥		Sabh Kishh Eis Kaa Eihu Karanai Jog ||2||	Everything belongs to Him; He can do anything. ||2||	(ਜਗਤ ਦੀ) ਹਰੇਕ ਸ਼ੈ ਇਸੇ ਦੀ ਹੀ ਪੈਦਾ ਕੀਤੀ ਹੋਈ ਹੈ, ਇਹ ਸਭ ਕੁਝ ਕਰਨ ਦੇ ਸਮਰੱਥ ਹੈ ॥੨॥

37012	868	ਨਾ ਇਸੁ ਬਾਪੁ ਨਹੀ ਇਸੁ ਮਾਇਆ॥		Naa Eis Baap Nehee Eis Maaeiaa ||	He has no father; He has no mother.	(ਹੇ ਭਾਈ! ਜੀਵਾਤਮਾ ਜਿਸ ਪਰਮਾਤਮਾ ਦਾ ਰੂਪ ਹੈ ਉਹ ਐਸਾ ਹੈ ਕਿ) ਇਸ ਦਾ ਨਾਹ ਕੋਈ ਪਿਉ ਹੈ, ਨਾਹ ਇਸ ਦੀ ਮਾਂ ਹੈ।
37013	868	ਇਹੁ ਅਪਰੰਪਰੁ ਹੋਤਾ ਆਇਆ॥	ਅਪ-ਰੰਪਰੁ	Eihu Aparanpar Hothaa Aaeiaa ||	He is beyond the beyond, and has always been so.	ਇਹ ਤਾਂ ਪਰੇ ਤੋਂ ਪਰੇ ਹੈ, ਤੇ ਸਦਾ ਹੀ ਹੋਂਦ ਵਾਲਾ ਹੈ।
37014	868	ਪਾਪ ਪੁੰਨ ਕਾ ਇਸੁ ਲੇਪੁ ਨ ਲਾਗੈ॥		Paap Punn Kaa Eis Laep N Laagai ||	He is not affected by virtue or vice.	ਪਾਪਾਂ ਅਤੇ ਪੁੰਨਾਂ ਦਾ ਭੀ ਇਸ ਉਤੇ ਕੋਈ ਅਸਰ ਨਹੀਂ ਪੈਂਦਾ।
37015	868	ਘਟ ਘਟ ਅੰਤਰਿ ਸਦ ਹੀ ਜਾਗੈ॥੩॥		Ghatt Ghatt Anthar Sadh Hee Jaagai ||3||	Deep within each and every heart, He is always awake and aware. ||3||	ਇਹ ਪ੍ਰਭੂ ਹਰੇਕ ਸਰੀਰ ਦੇ ਅੰਦਰ ਮੌਜੂਦ ਹੈ, ਅਤੇ ਸਦਾ ਹੀ ਸੁਚੇਤ ਰਹਿੰਦਾ ਹੈ ॥੩॥
37016	868	ਤੀਨਿ ਗੁਣਾ ਇਕ ਸਕਤਿ ਉਪਾਇਆ॥		Theen Gunaa Eik Sakath Oupaaeiaa ||	From the three qualities, the one mechanism of Maya was produced.	(ਹੇ ਭਾਈ! ਜੀਵਾਤਮਾ ਜਿਸ ਪਰਮਾਤਮਾ ਦਾ ਰੂਪ ਹੈ) ਇਹ ਬੜੀ ਡਾਢੀ ਮਾਇਆ ਉਸੇ ਦਾ ਹੀ ਪਰਛਾਵਾਂ ਹੈ,
37017	868	ਮਹਾ ਮਾਇਆ ਤਾ ਕੀ ਹੈ ਛਾਇਆ॥		Mehaa Maaeiaa Thaa Kee Hai Shhaaeiaa ||	The great Maya is only His shadow.	ਇਹ ਤਿੰਨਾਂ ਗੁਣਾਂ ਵਾਲੀ ਮਾਇਆ ਉਸੇ ਨੇ ਹੀ ਪੈਦਾ ਕੀਤੀ ਹੈ।

37018	868	ਅਛਲ ਅਛੇਦ ਅਭੇਦ ਦਇਆਲ॥	ਅ-ਛਲ	Ashhal Ashhaedh Abhaedh Dhaeiaal ||	He is undeceivable, impenetrable, unfathomable and merciful.	ਉਸ ਪ੍ਰਭੂ ਨੂੰ (ਕੋਈ ਵਿਕਾਰ) ਛਲ ਨਹੀਂ ਸਕਦਾ, ਵਿੰਨ੍ਹ ਨਹੀਂ ਸਕਦਾ, ਉਸ ਦਾ ਭੇਤ ਨਹੀਂ ਪਾਇਆ ਜਾ ਸਕਦਾ, ਉਹ ਦਇਆ ਦਾ ਘਰ ਹੈ,
37019	868	ਦੀਨ ਦਇਆਲ ਸਦਾ ਕਿਰਪਾਲ॥	ਦ-ਇਆਲ	Dheen Dhaeiaal Sadhaa Kirapaal ||	He is merciful to the meek, forever compassionate.	ਉਹ ਦੀਨਾਂ ਉਤੇ ਸਦਾ ਦਇਆ ਕਰਨ ਵਾਲਾ ਹੈ, ਤੇ, ਦਇਆ ਦਾ ਸੋਮਾ ਹੈ।
37020	868	ਤਾ ਕੀ ਗਤਿ ਮਿਤਿ ਕਛੂ ਨ ਪਾਇ॥		Thaa Kee Gath Mith Kashhoo N Paae ||	His state and limits cannot ever be known.	ਉਹ ਪ੍ਰਭੂ ਕਿਹੋ ਜਿਹਾ ਹੈ ਤੇ ਕੇਡਾ ਵੱਡਾ ਹੈ-ਇਹ ਭੇਤ ਲੱਭਿਆ ਨਹੀਂ ਜਾ ਸਕਦਾ।
37021	868	ਨਾਨਕ ਤਾ ਕੈ ਬਲਿ ਬਲਿ ਜਾਇ॥੪॥੧੯॥੨੧॥		Naanak Thaa Kai Bal Bal Jaae ||4||19||21||	Nanak is a sacrifice, a sacrifice to Him. ||4||19||21||	ਨਾਨਕ ਉਸ ਪ੍ਰਭੂ ਤੋਂ ਸਦਾ ਸਦਕੇ ਜਾਂਦਾ ਹੈ ॥੪॥੧੯॥੨੧॥
37022	869	ਗੋਂਡ ਮਹਲਾ ੫॥		Gonadd Mehalaa 5 ||	Gond, Fifth Mehl:	
37023	869	ਸੰਤਨ ਕੈ ਬਲਿਹਾਰੈ ਜਾਉ॥		Santhan Kai Balihaarai Jaao ||	I am a sacrifice to the Saints.	(ਹੇ ਭਾਈ! ਗੁਰੂ ਦੇ ਦੱਸੇ ਰਸਤੇ ਉਤੇ ਤੁਰਨ ਵਾਲੇ) ਸੰਤ ਜਨਾਂ ਤੋਂ ਮੈਂ ਕੁਰਬਾਨ ਜਾਂਦਾ ਹਾਂ,
37024	869	ਸੰਤਨ ਕੈ ਸੰਗਿ ਰਾਮ ਗੁਨ ਗਾਉ॥		Santhan Kai Sang Raam Gun Gaao ||	Associating with the Saints, I sing the Glorious Praises of the Lord.	ਉਹਨਾਂ ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ ਮੈਂ (ਭੀ) ਪਰਮਾਤਮਾ ਦੇ ਗੁਣ ਗਾਂਦਾ ਹਾਂ।

37025	869	ਸੰਤ ਪ੍ਰਸਾਦਿ ਕਿਲਵਿਖ ਸਭਿ ਗਏ॥		Santh Prasaadh Kilavikh Sabh Geae ||	By the Grace of the Saints, all the sins are taken away.	ਹੇ ਭਾਈ! ਸੰਤ ਜਨਾਂ ਦੀ ਕਿਰਪਾ ਨਾਲ ਸਾਰੇ ਪਾਪ ਦੂਰ ਹੋ ਜਾਂਦੇ ਹਨ।
37026	869	ਸੰਤ ਸਰਣਿ ਵਡਭਾਗੀ ਪਏ॥੧॥		Santh Saran Vaddabhaagee Peae ||1||	By great good fortune, one finds the Sanctuary of the Saints. ||1||	ਵੱਡੇ ਭਾਗਾਂ ਵਾਲੇ ਬੰਦੇ (ਹੀ) ਸੰਤ ਜਨਾਂ ਦੀ ਸਰਨ ਪੈਂਦੇ ਹਨ ॥੧॥
37027	869	ਰਾਮੁ ਜਪਤ ਕਛੁ ਬਿਘਨੁ ਨ ਵਿਆਪੈ॥		Raam Japath Kashh Bighan N Viaapai ||	Meditating on the Lord, no obstacles will block your way.	ਹੇ ਭਾਈ! ਪ੍ਰਭੂ ਦਾ ਨਾਮ ਜਪਦਿਆਂ (ਕਿਸੇ ਕਿਸਮ ਦਾ) ਕੋਈ ਵਿਘਨ (ਨਾਮ ਜਪਣ ਵਾਲੇ ਉਤੇ ਆਪਣਾ) ਜ਼ੋਰ ਨਹੀਂ ਪਾ ਸਕਦਾ।
37028	869	ਗੁਰ ਪ੍ਰਸਾਦਿ ਅਪੁਨਾ ਪ੍ਰਭੁ ਜਾਪੈ॥੧॥ਰਹਾਉ॥		Gur Prasaadh Apunaa Prabh Jaapai ||1|| Rehaao ||	By Guru's Grace, meditate on God. ||1||Pause||	ਗੁਰੂ ਦੀ ਕਿਰਪਾ ਨਾਲ ਪਿਆਰਾ ਪ੍ਰਭੂ (ਹਰ ਥਾਂ ਵੱਸਦਾ) ਦਿੱਸ ਪੈਂਦਾ ਹੈ ॥੧॥ ਰਹਾਉ ॥
37029	869	ਪਾਰਬ੍ਰਹਮੁ ਜਬ ਹੋਇ ਦਇਆਲ॥		Paarabreham Jab Hoe Dhaeiaal ||	When the Supreme Lord God becomes merciful,	ਹੇ ਭਾਈ! ਪਰਮਾਤਮਾ ਜਦੋਂ (ਕਿਸੇ ਮਨੁੱਖ ਉੱਤੇ) ਦਇਆਵਾਨ ਹੁੰਦਾ ਹੈ,
37030	869	ਸਾਧੂ ਜਨ ਕੀ ਕਰੈ ਰਵਾਲ॥		Saadhhoo Jan Kee Karai Ravaal ||	He makes me the dust of the feet of the Holy.	(ਤਾਂ ਉਸ ਮਨੁੱਖ ਨੂੰ) ਗੁਰੂ ਦੇ (ਦੱਸੇ ਰਾਹ ਉਤੇ ਤੁਰਨ ਵਾਲੇ) ਸੇਵਕਾਂ ਦੇ ਚਰਨਾਂ ਦੀ ਧੂੜ ਬਣਾਂਦਾ ਹੈ।
37031	869	ਕਾਮੁ ਕ੍ਰੋਧੁ ਇਸੁ ਤਨ ਤੇ ਜਾਇ॥		Kaam Krodhh Eis Than Thae Jaae ||	Sexual desire and anger leave his body,	ਉਸ ਮਨੁੱਖ ਦੇ ਸਰੀਰ ਵਿਚੋਂ ਕਾਮ ਚਲਾ ਜਾਂਦਾ ਹੈ ਕ੍ਰੋਧ ਚਲਾ ਜਾਂਦਾ ਹੈ

37032	869	ਰਾਮ ਰਤਨੁ ਵਸੈ ਮਨਿ ਆਇ॥੨॥		Raam Rathan Vasai Man Aae ||2||	And the Lord, the jewel, comes to dwell in his mind. ||2||	ਪਰਮਾਤਮਾ ਦਾ ਅਮੋਲਕ ਨਾਮ ਉਸ ਦੇ ਮਨ ਵਿਚ ਆ ਵੱਸਦਾ ਹੈ ॥੨॥
37033	869	ਸਫਲੁ ਜਨਮੁ ਤਾਂ ਕਾ ਪਰਵਾਣੁ॥		Safal Janam Thaan Kaa Paravaan ||	Fruitful and approved is the life of one	ਹੇ ਭਾਈ! ਉਸ ਦੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ (ਪ੍ਰਭੂ-ਦਰ ਤੇ) ਕਬੂਲ ਪੈ ਜਾਂਦੀ ਹੈ।
37034	869	ਪਾਰਬ੍ਰਹਮੁ ਨਿਕਟਿ ਕਰਿ ਜਾਣੁ॥		Paarabreham Nikatt Kar Jaan ||	Who knows the Supreme Lord God to be close.	ਜੋ ਜੇਹੜਾ ਮਨੁੱਖ ਪਰਮਾਤਮਾ ਨੂੰ ਆਪਣੇ ਨੇੜੇ ਵੱਸਦਾ ਸਮਝਦਾ ਹੈ। (ਪਰਮਾਤਮਾ ਨੂੰ (ਹਰ ਵੇਲੇ ਆਪਣੇ) ਨੇੜੇ ਵੱਸਦਾ ਸਮਝ)।
37035	869	ਭਾਇ ਭਗਤਿ ਪ੍ਰਭ ਕੀਰਤਨਿ ਲਾਗੈ॥		Bhaae Bhagath Prabh Keerathan Laagai ||	One who is committed to loving devotional worship of God, and the Kirtan of His Praises,	ਉਹ ਮਨੁੱਖ ਭਗਤੀ-ਭਾਵ ਨਾਲ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ ਲੱਗ ਪੈਂਦਾ ਹੈ,
37036	869	ਜਨਮ ਜਨਮ ਕਾ ਸੋਇਆ ਜਾਗੈ॥੩॥		Janam Janam Kaa Soeiaa Jaagai ||3||	Awakens from the sleep of countless incarnations. ||3||	ਅਤੇ ਅਨੇਕਾਂ ਜਨਮਾਂ ਤੋਂ (ਮਾਇਆ ਦੀ ਘੂਕੀ ਵਿਚ) ਸੁੱਤਾ ਹੋਇਆ ਜਾਗ ਪੈਂਦਾ ਹੈ ॥੩॥
37037	869	ਚਰਨਕਮਲ ਜਨ ਕਾ ਆਧਾਰੁ॥		Charan Kamal Jan Kaa Aadhhaar ||	The Lord's Lotus Feet are the Support of His humble servant.	ਹੇ ਭਾਈ! ਪਰਮਾਤਮਾ ਦੇ ਸੋਹਣੇ ਚਰਨ (ਗੁਰੂ ਦੇ ਦੱਸੇ ਰਸਤੇ ਉੱਤੇ ਤੁਰਨ ਵਾਲੇ) ਸੇਵਕਾਂ (ਦੀ ਜ਼ਿੰਦਗੀ) ਦਾ ਆਸਰਾ ਬਣ ਜਾਂਦੇ ਹਨ।

37038	869	ਗੁਣ ਗੋਵਿੰਦ ਰਉਂ ਸਚੁ ਵਾਪਾਰੁ॥		Gun Govindh Roun Sach Vaapaar ||	To chant the Praises of the Lord of the Universe is the true trade.	ਮੈਂ ਭੀ (ਸੇਵਕਾਂ ਦੀ ਸੰਗਤਿ ਦੀ ਬਰਕਤਿ ਨਾਲ) ਪਰਮਾਤਮਾ ਦੇ ਗੁਣ ਗਾਂਦਾ ਹਾਂ, (ਇਸੇ ਉੱਦਮ ਨੂੰ ਜ਼ਿੰਦਗੀ ਦਾ) ਸਦਾ ਕਾਇਮ ਰਹਿਣ ਵਾਲਾ ਵਣਜ ਸਮਝਦਾ ਹਾਂ।
37039	869	ਦਾਸ ਜਨਾ ਕੀ ਮਨਸਾ ਪੂਰਿ॥		Dhaas Janaa Kee Manasaa Poor ||	Please fulfill the hopes of Your humble slave.	ਪਰਮਾਤਮਾ ਆਪਣੇ ਸੇਵਕਾਂ ਦੇ ਮਨ ਦੀ ਕਾਮਨਾ ਪੂਰੀ ਕਰਦਾ ਹੈ।
37040	869	ਨਾਨਕ ਸੁਖੁ ਪਾਵੈ ਜਨ ਧੂਰਿ॥੪॥੨੦॥੨੨॥੬॥੨੮॥		Naanak Sukh Paavai Jan Dhhoor ||4||20||22||6||28||	Nanak finds peace in the dust of the feet of the humble. ||4||20||22||6||28||	ਹੇ ਨਾਨਕ! (ਪ੍ਰਭੂ ਦਾ ਸੇਵਕ) ਸੰਤ ਜਨਾਂ ਦੀ ਚਰਨ-ਧੂੜ ਵਿਚ ਆਤਮਕ ਆਨੰਦ ਪ੍ਰਾਪਤ ਕਰਦਾ ਹੈ ॥੪॥੨੦॥੨੨॥੬॥੨੮॥
37041	869	ਰਾਗੁ ਗੋਂਡ ਅਸਟਪਦੀਆ ਮਹਲਾ ੫ ਘਰੁ ੨	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Raag Gonadd Asattapadheeaa Mehalaa 5 Ghar 2	Raag Gond, Ashtapadees, Fifth Mehl, Second House:	ਰਾਗ ਗੋਂਡ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
37042	869	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
37043	869	ਕਰਿ ਨਮਸਕਾਰ ਪੂਰੇ ਗੁਰਦੇਵ॥		Kar Namasakaar Poorae Guradhaev ||	Humbly bow to the Perfect Divine Guru.	ਹੇ ਭਾਈ! ਪੂਰੇ ਸਤਿਗੁਰੂ ਅੱਗੇ ਸਦਾ ਸਿਰ ਨਿਵਾਇਆ ਕਰ,

37044	869	ਸਫਲ ਮੂਰਤਿ ਸਫਲ ਜਾ ਕੀ ਸੇਵ॥		Safal Moorath Safal Jaa Kee Saev ||	Fruitful is His image, and fruitful is service to Him.	ਉਸ ਦਾ ਦਰਸ਼ਨ ਜੀਵਨ-ਮਨੋਰਥ ਪੂਰਾ ਕਰਦਾ ਹੈ, ਉਸ ਦੀ ਸਰਨ ਪਿਆਂ ਜੀਵਨ ਸਫਲ ਹੋ ਜਾਂਦਾ ਹੈ।
37045	869	ਅੰਤਰਜਾਮੀ ਪੁਰਖੁ ਬਿਧਾਤਾ॥		Antharajaamee Purakh Bidhhaathaa ||	He is the Inner-knower, the Searcher of hearts, the Architect of Destiny.	ਹੇ ਭਾਈ! ਜੇਹੜਾ ਪ੍ਰਭੂ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ, ਜੇਹੜਾ ਸਭ ਵਿਚ ਵਿਆਪਕ ਹੈ ਅਤੇ ਜੇਹੜਾ ਸਭ ਦਾ ਪੈਦਾ ਕਰਨ ਵਾਲਾ ਹੈ,
37046	869	ਆਠ ਪਹਰ ਨਾਮ ਰੰਗਿ ਰਾਤਾ॥੧॥		Aath Pehar Naam Rang Raathaa ||1||	Twenty-four hours a day, he remains imbued with the love of the Naam, the Name of the Lord. ||1||	ਗੁਰੂ ਉਸ ਪ੍ਰਭੂ ਦੇ ਨਾਮ ਦੇ ਰੰਗ ਵਿਚ ਰੰਗਿਆ ਰਹਿੰਦਾ ਹੈ॥੧॥
37047	869	ਗੁਰੁ ਗੋਬਿੰਦ ਗੁਰੂ ਗੋਪਾਲ॥		Gur Gobindh Guroo Gopaal ||	The Guru is the Lord of the Universe, the Guru is the Lord of the World.	ਹੇ ਭਾਈ! ਗੁਰੂ ਗੋਬਿੰਦ (ਦਾ ਰੂਪ) ਹੈ, ਗੁਰੂ ਗੋਪਾਲ (ਦਾ ਰੂਪ) ਹੈ,
37048	869	ਅਪਨੇ ਦਾਸ ਕਉ ਰਾਖਨਹਾਰ॥੧॥ਰਹਾਉ॥		Apanae Dhaas Ko Raakhanehaar ||1|| Rehaao ||	He is the Saving Grace of His slaves. ||1||Pause||	ਜੋ ਆਪਣੇ ਸੇਵਕ ਨੂੰ (ਨਿੰਦਾ ਆਦਿਕ ਤੋਂ) ਬਚਾਣ-ਜੋਗਾ ਹੈ ॥੧॥ ਰਹਾਉ ॥

37049	869	ਪਾਤਿਸਾਹ ਸਾਹ ਉਮਰਾਉ ਪਤੀਆਏ॥		Paathisaah Saah Oumaraao Patheeaaeae ||	He satisfies the kings, emperors and nobles.	ਹੇ ਭਾਈ! ਗੁਰੂ ਜਿਨ੍ਹਾਂ ਮਨੁੱਖਾਂ ਦੇ ਅੰਦਰ ਪਰਮਾਤਮਾ ਦਾ ਪਿਆਰ ਪੱਕਾ ਕਰ ਦੇਂਦਾ ਹੈ ਉਹ ਆਤਮਕ ਮੰਡਲ ਵਿਚ ਸ਼ਾਹ ਪਾਤਿਸ਼ਾਹ ਤੇ ਅਮੀਰ ਬਣ ਜਾਂਦੇ ਹਨ।
37050	869	ਦੁਸਟ ਅਹੰਕਾਰੀ ਮਾਰਿ ਪਚਾਏ॥		Dhusatt Ahankaaree Maar Pachaaeae ||	He destroys the egotistical villains.	ਦੁਸ਼ਟਾਂ ਅਹੰਕਾਰੀਆਂ ਨੂੰ (ਆਪਣੇ ਦਰ ਤੋਂ) ਦੁਰਕਾਰ ਕੇ ਦਰ ਦਰ ਭਟਕਣ ਦੇ ਰਾਹੇ ਪਾ ਦੇਂਦਾ ਹੈ।
37051	869	ਨਿੰਦਕ ਕੈ ਮੁਖਿ ਕੀਨੋ ਰੋਗੁ॥		Nindhak Kai Mukh Keeno Rog ||	He puts illness into the mouths of the slanderers.	(ਸੇਵਕ ਦੀ) ਨਿੰਦਾ ਕਰਨ ਵਾਲੇ ਮਨੁੱਖ ਦੇ ਮੂੰਹ ਵਿਚ (ਨਿੰਦਾ ਕਰਨ ਦੀ) ਬੀਮਾਰੀ ਹੀ ਬਣ ਜਾਂਦੀ ਹੈ।
37052	869	ਜੈ ਜੈਕਾਰੁ ਕਰੈ ਸਭੁ ਲੋਗੁ॥੨॥		Jai Jai Kaar Karai Sabh Log ||2||	All the people celebrate His victory. ||2||	(ਪਰ ਉਸ ਮਨੁੱਖ ਦੀ) ਸਾਰਾ ਜਗਤ ਸਦਾ ਸੋਭਾ ਕਰਦਾ ਹੈ (ਜੋ ਗੁਰੂ ਦੀ ਸਰਨ ਪਿਆ ਰਹਿੰਦਾ ਹੈ) ॥੨॥
37053	869	ਸੰਤਨ ਕੈ ਮਨਿ ਮਹਾ ਅਨੰਦੁ॥		Santhan Kai Man Mehaa Anandh ||	Supreme bliss fills the minds of the Saints.	ਹੇ ਭਾਈ! (ਜੇਹੜੇ ਮਨੁੱਖ ਗੁਰੂ ਦੀ ਸਰਨ ਪਏ ਰਹਿੰਦੇ ਹਨ, ਉਹਨਾਂ) ਸੰਤ ਜਨਾਂ ਦੇ ਮਨ ਵਿਚ ਬੜਾ ਆਤਮਕ ਆਨੰਦ ਬਣਿਆ ਰਹਿੰਦਾ ਹੈ,
37054	869	ਸੰਤ ਜਪਹਿ ਗੁਰਦੇਉ ਭਗਵੰਤੁ॥		Santh Japehi Guradhaeo Bhagavanth ||	The Saints meditate on the Divine Guru, the Lord God.	ਸੰਤ ਜਨ ਗੁਰੂ ਨੂੰ ਭਗਵਾਨ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੇ ਹਨ।
37055	869	ਸੰਗਤਿ ਕੇ ਮੁਖ ਊਜਲ ਭਏ॥	ਊੱਜਲ	Sangath Kae Mukh Oojal Bheae ||	The faces of His companions become radiant and bright.	ਗੁਰੂ ਦੇ ਪਾਸ ਰਹਿਣ ਵਾਲੇ ਸੇਵਕਾਂ ਦੇ ਮੂੰਹ (ਲੋਕ ਪਰਲੋਕ ਵਿਚ) ਰੌਸ਼ਨ ਹੋ ਜਾਂਦੇ ਹਨ,

37056	869	ਸਗਲ ਥਾਨ ਨਿੰਦਕ ਕੇ ਗਏ॥੩॥		Sagal Thhaan Nindhak Kae Geae ||3||	The slanderers lose all places of rest. ||3||	ਪਰ ਨਿੰਦਾ ਕਰਨ ਵਾਲੇ ਮਨੁੱਖ ਦੇ (ਲੋਕ ਪਰਲੋਕ) ਸਾਰੇ ਹੀ ਥਾਂ ਹੱਥੋਂ ਚਲੇ ਜਾਂਦੇ ਹਨ ॥੩॥
37057	869	ਸਾਸਿ ਸਾਸਿ ਜਨੁ ਸਦਾ ਸਲਾਹੇ॥		Saas Saas Jan Sadhaa Salaahae ||	With each and every breath, the Lord's humble slaves praise Him.	(ਹੇ ਭਾਈ! ਗੁਰੂ ਦੀ ਸਰਨ ਪੈਣ ਵਾਲਾ) ਸੇਵਕ ਆਪਣੇ ਹਰੇਕ ਸਾਹ ਦੇ ਨਾਲ (ਪਰਮਾਤਮਾ ਦੀ) ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ,
37058	869	ਪਾਰਬ੍ਰਹਮ ਗੁਰ ਬੇਪਰਵਾਹੇ॥		Paarabreham Gur Baeparavaahae ||	The Supreme Lord God and the Guru are care-free.	ਪਰਮਾਤਮਾ ਦੀ ਅਤੇ ਬੇ-ਮੁਥਾਜ ਗੁਰੂ ਦੀ (ਵੀ) ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ।
37059	869	ਸਗਲ ਭੈ ਮਿਟੇ ਜਾ ਕੀ ਸਰਨਿ॥		Sagal Bhai Mittae Jaa Kee Saran ||	All fears are eradicated, in His Sanctuary.	ਹੇ ਭਾਈ! ਜਿਸ ਗੁਰੂ ਦੀ ਸਰਨ ਪਿਆਂ ਸਾਰੇ ਡਰ-ਸਹਿਮ ਦੂਰ ਹੋ ਜਾਂਦੇ ਹਨ,
37060	869	ਨਿੰਦਕ ਮਾਰਿ ਪਾਏ ਸਭਿ ਧਰਨਿ॥੪॥		Nindhak Maar Paaeae Sabh Dhharan ||4||	Smashing all the slanderers, the Lord knocks them to the ground. ||4||	ਉਹ ਗੁਰੂ ਸੇਵਕਾਂ ਦੀ ਨਿੰਦਾ ਕਰਨ ਵਾਲੇ ਬੰਦਿਆਂ ਨੂੰ (ਆਪਣੇ ਦਰ ਤੋਂ) ਦੁਰਕਾਰ ਕੇ ਨੀਵੇਂ ਆਚਰਨ ਦੇ ਟੋਏ ਵਿਚ ਸੁੱਟ ਦੇਂਦਾ ਹੈ (ਭਾਵ, ਨਿੰਦਕਾਂ ਨੂੰ ਗੁਰੂ ਦਾ ਦਰ ਪਸੰਦ ਨਹੀਂ ਆਉਂਦਾ। ਸਿੱਟਾ ਇਹ ਨਿਕਲਦਾ ਹੈ ਕਿ ਗੁਰੂ-ਦਰ ਤੋਂ ਖੁੰਝ ਕੇ ਨਿੰਦਾ ਵਿਚ ਪੈ ਕੇ ਉਹ ਆਚਰਨ ਵਿਚ ਹੋਰ ਨੀਵੇਂ ਹੋਰ ਨੀਵੇਂ ਹੁੰਦੇ ਜਾਂਦੇ ਹਨ) ॥੪॥

37061	869	ਜਨ ਕੀ ਨਿੰਦਾ ਕਰੈ ਨ ਕੋਇ॥		Jan Kee Nindhaa Karai N Koe ||	Let no one slander the Lord's humble servants.	(ਇਸ ਵਾਸਤੇ, ਹੇ ਭਾਈ!) ਗੁਰੂ ਦੇ ਸੇਵਕ ਦੀ ਨਿੰਦਾ ਕਿਸੇ ਭੀ ਮਨੁੱਖ ਨੂੰ ਕਰਨੀ ਨਹੀਂ ਚਾਹੀਦੀ।
37062	869	ਜੋ ਕਰੈ ਸੋ ਦੁਖੀਆ ਹੋਇ॥		Jo Karai So Dhukheeaa Hoe ||	Whoever does so, will be miserable.	ਜੇਹੜਾ ਭੀ ਮਨੁੱਖ (ਭਲਿਆਂ ਦੀ ਨਿੰਦਾ) ਕਰਦਾ ਹੈ ਉਹ ਆਪ ਦੁੱਖੀ ਰਹਿੰਦਾ ਹੈ।
37063	869	ਆਠ ਪਹਰ ਜਨੁ ਏਕੁ ਧਿਆਏ॥		Aath Pehar Jan Eaek Dhhiaaeae ||	Twenty-four hours a day, the Lord's humble servant meditates on Him alone.	ਗੁਰੂ ਦਾ ਸੇਵਕ ਤਾਂ ਹਰ ਵੇਲੇ ਇਕ ਪਰਮਾਤਮਾ ਦਾ ਧਿਆਨ ਧਰੀ ਰੱਖਦਾ ਹੈ,
37064	869	ਜਮੂਆ ਤਾ ਕੈ ਨਿਕਟਿ ਨ ਜਾਏ॥੫॥		Jamooaa Thaa Kai Nikatt N Jaaeae ||5||	The Messenger of Death does not even approach him. ||5||	ਜਮ-ਰਾਜ ਭੀ ਉਸ ਦੇ ਨੇੜੇ ਨਹੀਂ ਢੁਕਦਾ ॥੫॥
37065	869	ਜਨ ਨਿਰਵੈਰ ਨਿੰਦਕ ਅਹੰਕਾਰੀ॥		Jan Niravair Nindhak Ahankaaree ||	The Lord's humble servant has no vengeance. The slanderer is egotistical.	ਹੇ ਭਾਈ! ਗੁਰੂ ਦੇ ਸੇਵਕ ਕਿਸੇ ਨਾਲ ਵੈਰ ਨਹੀਂ ਰੱਖਦੇ, ਪਰ ਉਹਨਾਂ ਦੀ ਨਿੰਦਾ ਕਰਨ ਵਾਲੇ ਮਨੁੱਖ ਅਹੰਕਾਰ ਵਿਚ ਡੁੱਬੇ ਰਹਿੰਦੇ ਹਨ।
37066	869	ਜਨ ਭਲ ਮਾਨਹਿ ਨਿੰਦਕ ਵੇਕਾਰੀ॥	ਭਲ:ਪੋਲਾ ਬੋਲੋ	Jan Bhal Maanehi Nindhak Vaekaaree ||	The Lord's humble servant wishes well, while the slanderer dwells on evil.	ਸੇਵਕ ਤਾਂ ਸਭ ਦਾ ਭਲਾ ਮੰਗਦੇ ਹਨ, ਨਿੰਦਾ ਕਰਨ ਵਾਲੇ ਮਨੁੱਖ ਉਹਨਾਂ ਦਾ ਮੰਦਾ ਚਿਤਵਨ ਦੇ ਕੁਕਰਮਾਂ ਵਿਚ ਫਸੇ ਰਹਿੰਦੇ ਹਨ।

37067	869	ਗੁਰ ਕੈ ਸਿਖਿ ਸਤਿਗੁਰੂ ਧਿਆਇਆ॥		Gur Kai Sikh Sathiguroo Dhhiaaeiaa ||	The Sikh of the Guru meditates on the True Guru.	ਹੇ ਭਾਈ! ਗੁਰੂ ਦੇ ਸਿੱਖ ਨੇ ਤਾਂ ਸਦਾ ਆਪਣੇ ਗੁਰੂ (ਦੇ ਚਰਨਾਂ) ਵਿਚ ਸੁਰਤ ਜੋੜੀ ਹੁੰਦੀ ਹੈ।
37068	869	ਜਨ ਉਬਰੇ ਨਿੰਦਕ ਨਰਕਿ ਪਾਇਆ॥੬॥		Jan Oubarae Nindhak Narak Paaeiaa ||6||	The Lord's humble servants are saved, while the slanderer is cast into hell. ||6||	(ਇਸ ਵਾਸਤੇ) ਸੇਵਕ ਤਾਂ (ਨਿੰਦਾ ਆਦਿਕ ਦੇ ਨਰਕ ਵਿਚੋਂ) ਬਚ ਨਿਕਲਦੇ ਹਨ, ਪਰ ਨਿੰਦਕ (ਆਪਣੇ ਆਪ ਨੂੰ ਇਸ) ਨਰਕ ਵਿਚ ਪਾਈ ਰੱਖਦੇ ਹਨ ॥੬॥
37069	869	ਸੁਣਿ ਸਾਜਨ ਮੇਰੇ ਮੀਤ ਪਿਆਰੇ॥		Sun Saajan Maerae Meeth Piaarae ||	Listen, O my beloved friends and companions:	ਹੇ ਮੇਰੇ ਸੱਜਣ! ਹੇ ਪਿਆਰੇ ਮਿੱਤਰ! ਸੁਣ!
37070	869	ਸਤਿ ਬਚਨ ਵਰਤਹਿ ਹਰਿ ਦੁਆਰੇ॥		Sath Bachan Varathehi Har Dhuaarae ||	These words shall be true in the Court of the Lord.	(ਮੈਂ ਤੈਨੂੰ ਉਹ) ਅਟੱਲ ਨਿਯਮ (ਦੱਸਦਾ ਹਾਂ ਜੋ) ਪਰਮਾਤਮਾ ਦੇ ਦਰ ਤੇ (ਸਦਾ) ਵਾਪਰਦੇ ਹਨ।
37071	869	ਜੈਸਾ ਕਰੇ ਸੁ ਤੈਸਾ ਪਾਏ॥		Jaisaa Karae S Thaisaa Paaeae ||	As you plant, so shall you harvest.	(ਉਹ ਅਟੱਲ ਨਿਯਮ ਇਹ ਹਨ ਕਿ) ਮਨੁੱਖ ਜਿਹੋ ਜਿਹਾ ਕਰਮ ਕਰਦਾ ਹੈ ਉਹੋ ਜਿਹਾ ਫਲ ਪਾ ਲੈਂਦਾ ਹੈ।
37072	869	ਅਭਿਮਾਨੀ ਕੀ ਜੜ ਸਰਪਰ ਜਾਏ॥੭॥		Abhimaanee Kee Jarr Sarapar Jaaeae ||7||	The proud, egotistical person will surely be uprooted. ||7||	ਅਹੰਕਾਰੀ ਮਨੁੱਖ ਦੀ ਜੜ੍ਹ ਜ਼ਰੂਰ (ਵੱਢੀ) ਜਾਂਦੀ ਹੈ ॥੭॥

37073	869	ਨੀਧਰਿਆ ਸਤਿਗੁਰ ਧਰ ਤੇਰੀ॥		Needhhariaa Sathigur Dhhar Thaeree ||	O True Guru, You are the Support of the unsupported.	ਹੇ ਸਤਿਗੁਰੂ! ਨਿਆਸਰੇ ਬੰਦਿਆਂ ਨੂੰ ਤੇਰਾ ਹੀ ਆਸਰਾ ਹੈ।
37074	869	ਕਰਿ ਕਿਰਪਾ ਰਾਖਹੁ ਜਨ ਕੇਰੀ॥		Kar Kirapaa Raakhahu Jan Kaeree ||	Be merciful, and save Your humble servant.	ਤੂੰ ਮੇਹਰ ਕਰ ਕੇ ਆਪਣੇ ਸੇਵਕਾਂ ਦੀ ਲਾਜ ਆਪ ਰੱਖਦਾ ਹੈਂ।
37075	869	ਕਹੁ ਨਾਨਕ ਤਿਸੁ ਗੁਰ ਬਲਿਹਾਰੀ॥		Kahu Naanak This Gur Balihaaree ||	Says Nanak, I am a sacrifice to the Guru;	ਨਾਨਕ ਆਖਦਾ ਹੈ- ਮੈਂ ਉਸ ਗੁਰੂ ਤੋਂ ਸਦਕੇ ਜਾਂਦਾ ਹਾਂ,
37076	869	ਜਾ ਕੈ ਸਿਮਰਨਿ ਪੈਜ ਸਵਾਰੀ॥੮॥੧॥੨੯॥		Jaa Kai Simaran Paij Savaaree ||8||1||29||	Remembering Him in meditation, my honor has been saved. ||8||1||29||	ਜਿਸ ਦੀ ਓਟ ਚਿਤਾਰਨ ਨੇ ਮੇਰੀ ਇੱਜ਼ਤ ਰੱਖ ਲਈ (ਤੇ, ਮੈਨੂੰ ਨਿੰਦਾ ਆਦਿਕ ਤੋਂ ਬਚਾ ਰੱਖਿਆ) ॥੮॥੧॥੨੯॥
37077	870	ਰਾਗੁ ਗੋਂਡ ਬਾਣੀ ਭਗਤਾ ਕੀ॥	ਭਗਤਾਂ	Raag Gonadd Baanee Bhagathaa Kee ||	Raag Gond, The Word Of The Devotees.	ਰਾਗ ਗੋਂਡ ਵਿੱਚ ਭਗਤਾਂ ਦੀ ਬਾਣੀ।(ਰਾਗ ਗੋਂਡ)
37078	870	ਕਬੀਰ ਜੀ ਘਰੁ ੧		Kabeer Jee Ghar 1	Kabeer Jee, First House:	ਘਰ ੧ ਵਿੱਚ ਭਗਤ ਕਬੀਰ ਜੀ ਦੀ ਬਾਣੀ।
37079	870	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

37080	870	ਸੰਤੁ ਮਿਲੈ ਕਿਛੁ ਸੁਨੀਐ ਕਹੀਐ॥		Santh Milai Kishh Suneeai Keheeai ||	When you meet a Saint, talk to him and listen.	ਜੇ ਕੋਈ ਭਲਾ ਮਨੁੱਖ ਮਿਲ ਪਏ ਤਾਂ (ਉਸ ਦੀ ਸਿੱਖਿਆ) ਸੁਣਨੀ ਚਾਹੀਦੀ ਹੈ, ਤੇ (ਜੀਵਨ ਦੇ ਰਾਹ ਦੀਆਂ ਗੁੰਝਲਾਂ) ਪੁੱਛਣੀਆਂ ਚਾਹੀਦੀਆਂ ਹਨ।
37081	870	ਮਿਲੈ ਅਸੰਤੁ ਮਸਟਿ ਕਰਿ ਰਹੀਐ॥੧॥	ਮਸ-ਟਿ	Milai Asanth Masatt Kar Reheeai ||1||	Meeting with an unsaintly person, just remain silent. ||1||	ਪਰ ਜੇ ਕੋਈ ਭੈੜਾ ਬੰਦਾ ਮਿਲ ਪਏ, ਤਾਂ ਉੱਥੇ ਚੁੱਪ ਰਹਿਣਾ ਹੀ ਠੀਕ ਹੈ ॥੧॥
37082	870	ਬਾਬਾ ਬੋਲਨਾ ਕਿਆ ਕਹੀਐ॥		Baabaa Bolanaa Kiaa Keheeai ||	O father, if I speak, what words should I utter?	ਹੇ ਭਾਈ! (ਜਗਤ ਵਿਚ ਰਹਿੰਦਿਆਂ) ਕਿਹੋ ਜਿਹੇ ਬੋਲ ਬੋਲੀਏ,
37083	870	ਜੈਸੇ ਰਾਮ ਨਾਮ ਰਵਿ ਰਹੀਐ॥੧॥ਰਹਾਉ॥		Jaisae Raam Naam Rav Reheeai ||1|| Rehaao ||	Speak such words, by which you may remain absorbed in the Name of the Lord. ||1||Pause||	ਜਿਨ੍ਹਾਂ ਦੀ ਬਰਕਤਿ ਨਾਲ ਪਰਮਾਤਮਾ ਦੇ ਨਾਮ ਵਿਚ ਸੁਰਤ ਟਿਕੀ ਰਹੇ? (ਨੋਟ: ਬਾਕੀ ਦੇ ਸਾਰੇ ਸ਼ਬਦ ਵਿਚ ਇਸ ਪ੍ਰਸ਼ਨ ਦਾ ਉੱਤਰ ਹੈ) ॥੧॥ ਰਹਾਉ ॥
37084	870	ਸੰਤਨ ਸਿਉ ਬੋਲੇ ਉਪਕਾਰੀ॥		Santhan Sio Bolae Oupakaaree ||	Speaking with the Saints, one becomes generous.	(ਕਿਉਂਕਿ) ਭਲਿਆਂ ਨਾਲ ਗੱਲ ਕੀਤਿਆਂ ਕੋਈ ਭਲਾਈ ਦੀ ਗੱਲ ਨਿਕਲੇਗੀ,
37085	870	ਮੂਰਖ ਸਿਉ ਬੋਲੇ ਝਖ ਮਾਰੀ॥੨॥	ਝਖ:ਪੋਲਾ ਬੋਲੋ	Moorakh Sio Bolae Jhakh Maaree ||2||	To speak with a fool is to babble uselessly. ||2||	ਤੇ ਮੂਰਖ ਨਾਲ ਬੋਲਿਆਂ ਵਿਅਰਥ ਖਪ-ਖਪਾ ਹੀ ਹੋਵੇਗਾ ॥੨॥

37086	870	ਬੋਲਤ ਬੋਲਤ ਬਢਹਿ ਬਿਕਾਰਾ॥		Bolath Bolath Badtehi Bikaaraa ||	By speaking and only speaking, corruption only increases.	(ਫਿਰ) ਜਿਉਂ ਜਿਉਂ (ਮੂਰਖ ਨਾਲ) ਗੱਲਾਂ ਕਰੀਏ (ਉਸ ਦੇ ਕੁਸੰਗ ਵਿਚ) ਵਿਕਾਰ ਹੀ ਵਿਕਾਰ ਵਧਦੇ ਹਨ; (ਪਰ ਇਸ ਦਾ ਭਾਵ ਇਹ ਨਹੀਂ ਕਿ ਕਿਸੇ ਨਾਲ ਭੀ ਬਹਿਣਾ-ਖਲੋਣਾ ਨਹੀਂ ਚਾਹੀਦਾ)।
37087	870	ਬਿਨੁ ਬੋਲੇ ਕਿਆ ਕਰਹਿ ਬੀਚਾਰਾ॥੩॥		Bin Bolae Kiaa Karehi Beechaaraa ||3||	If I do not speak, what can the poor wretch do? ||3||	ਜੇ ਭਲੇ ਮਨੁੱਖਾਂ ਨਾਲ ਭੀ ਨਹੀਂ ਬੋਲਾਂਗੇ, (ਭਾਵ, ਜੇ ਭਲਿਆਂ ਪਾਸ ਭੀ ਨਹੀਂ ਬੈਠਾਂਗੇ) ਤਾਂ ਵਿਚਾਰ ਦੀਆਂ ਗੱਲਾਂ ਕਿਵੇਂ ਕਰ ਸਕਦੇ ਹਾਂ? ॥੩॥
37088	870	ਕਹੁ ਕਬੀਰ ਛੂਛਾ ਘਟੁ ਬੋਲੈ॥	ਘਟੁ:ਪੋਲਾ ਬੋਲੋ	Kahu Kabeer Shhooshhaa Ghatt Bolai ||	Says Kabeer, the empty pitcher makes noise,	ਕਬੀਰ ਆਖਦਾ ਹੈ- ਸੱਚੀ ਗੱਲ ਇਹ ਹੈ ਕਿ (ਜਿਵੇਂ) ਖ਼ਾਲੀ ਘੜਾ ਬੋਲਦਾ ਹੈ, ਜੇ ਉਹ (ਪਾਣੀ ਨਾਲ) ਭਰਿਆ ਹੋਇਆ ਹੋਵੇ ਤਾਂ ਉਹ ਕਦੇ ਡੋਲਦਾ ਨਹੀਂ (ਇਸੇ ਤਰ੍ਹਾਂ ਬਹੁਤੀਆਂ ਫ਼ਾਲਤੂ ਗੱਲਾਂ ਗੁਣ-ਹੀਨ ਮਨੁੱਖ ਹੀ ਕਰਦਾ ਹੈ।
37089	870	ਭਰਿਆ ਹੋਇ ਸੁ ਕਬਹੁ ਨ ਡੋਲੈ॥੪॥੧॥		Bhariaa Hoe S Kabahu N Ddolai ||4||1||	But that which is full makes no sound. ||4||1||	ਜੋ ਗੁਣਵਾਨ ਹੈ ਉਹ ਅਡੋਲ ਰਹਿੰਦਾ ਹੈ। ਸੋ, ਜਗਤ ਵਿਚ ਕੋਈ ਐਸਾ ਉੱਦਮ ਕਰੀਏ, ਜਿਸ ਨਾਲ ਗੁਣ ਗ੍ਰਹਿਣ ਕਰ ਸਕੀਏ, ਤੇ ਇਹ ਗੁਣ ਮਿਲ ਸਕਦੇ ਹਨ ਭਲਿਆਂ ਪਾਸੋਂ ਹੀ) ॥੪॥੧॥
37090	870	ਗੋਂਡ॥		Gonadd ||	Gond:	

37091	870	ਨਰੂ ਮਰੈ ਨਰੁ ਕਾਮਿ ਨ ਆਵੈ॥		Naroo Marai Nar Kaam N Aavai ||	When a man dies, he is of no use to anyone.	(ਮੈਨੂੰ ਕਦੇ ਸੋਚ ਹੀ ਨਹੀਂ ਫੁਰਦੀ ਕਿ ਮੈਂ ਕਿਸ ਸਰੀਰ ਤੇ ਮਾਣ ਕਰ ਕੇ ਮੰਦੇ ਕੰਮ ਕਰਦਾ ਰਹਿੰਦਾ ਹਾਂ, ਮੇਰਾ ਅਸਲਾ ਤਾਂ ਇਹੀ ਹੈ ਨਾ ਕਿ) ਜਦੋਂ ਮਨੁੱਖ ਮਰ ਜਾਂਦਾ ਹੈ ਤਾਂ ਮਨੁੱਖ (ਦਾ ਸਰੀਰ) ਕਿਸੇ ਕੰਮ ਨਹੀਂ ਆਉਂਦਾ,
37092	870	ਪਸੂ ਮਰੈ ਦਸ ਕਾਜ ਸਵਾਰੈ॥੧॥	ਦਸ:ਪੋਲਾ ਬੋਲੋ	Pasoo Marai Dhas Kaaj Savaarai ||1||	But when an animal dies, it is used in ten ways. ||1||	ਪਰ ਪਸ਼ੂ ਮਰਦਾ ਹੈ ਤਾਂ (ਫਿਰ ਭੀ ਉਸ ਦਾ ਸਰੀਰ ਮਨੁੱਖ ਦੇ) ਕਈ ਕੰਮ ਸਵਾਰਦਾ ਹੈ ॥੧॥
37093	870	ਅਪਨੇ ਕਰਮ ਕੀ ਗਤਿ ਮੈ ਕਿਆ ਜਾਨਉ॥		Apanae Karam Kee Gath Mai Kiaa Jaano ||	What do I know, about the state of my karma?	ਹੇ ਬਾਬਾ! ਮੈਂ ਕਦੇ ਸੋਚਦਾ ਹੀ ਨਹੀਂ ਕਿ ਮੈਂ ਕਿਹੋ ਜਿਹੇ ਨਿੱਤ-ਕਰਮ ਕਰੀ ਜਾ ਰਿਹਾ ਹਾਂ, (ਮੈਂ ਮੰਦੇ ਪਾਸੇ ਹੀ ਲੱਗਾ ਰਹਿੰਦਾ ਹਾਂ, ਤੇ)
37094	870	ਮੈ ਕਿਆ ਜਾਨਉ ਬਾਬਾ ਰੇ॥੧॥ਰਹਾਉ॥		Mai Kiaa Jaano Baabaa Rae ||1|| Rehaao ||	What do I know, O Baba? ||1||Pause||	ਮੈਨੂੰ ਖ਼ਿਆਲ ਹੀ ਨਹੀਂ ਆਉਂਦਾ ॥੧॥ ਰਹਾਉ ॥
37095	870	ਹਾਡ ਜਲੇ ਜੈਸੇ ਲਕਰੀ ਕਾ ਤੂਲਾ॥		Haadd Jalae Jaisae Lakaree Kaa Thoolaa ||	His bones burn, like a bundle of logs;	(ਹੇ ਬਾਬਾ! ਮੈਂ ਕਦੇ ਸੋਚਿਆ ਹੀ ਨਹੀਂ ਕਿ ਮੌਤ ਆਇਆਂ ਇਸ ਸਰੀਰ ਦੀਆਂ) ਹੱਡੀਆਂ ਲੱਕੜਾਂ ਦੇ ਢੇਰ ਵਾਂਗ ਸੜ ਜਾਂਦੀਆਂ ਹਨ,

37096	870	ਕੇਸ ਜਲੇ ਜੈਸੇ ਘਾਸ ਕਾ ਪੂਲਾ॥੨॥		Kaes Jalae Jaisae Ghaas Kaa Poolaa ||2||	His hair burns like a bale of hay. ||2||	ਤੇ (ਇਸ ਦੇ) ਕੇਸ ਘਾਹ ਦੇ ਪੂਲੇ ਵਾਂਘ ਸੜ ਜਾਂਦੇ ਹਨ (ਤੇ ਜਿਸ ਸਰੀਰ ਦਾ ਮਗਰੋਂ ਇਹ ਹਾਲ ਹੁੰਦਾ ਹੈ, ਉਸੇ ਉੱਤੇ ਮੈਂ ਸਾਰੀ ਉਮਰ ਮਾਣ ਕਰਦਾ ਰਹਿੰਦਾ ਹਾਂ) ॥੨॥
37097	870	ਕਹੁ ਕਬੀਰ ਤਬ ਹੀ ਨਰੁ ਜਾਗੈ॥		Kahu Kabeer Thab Hee Nar Jaagai ||	Says Kabeer, the man wakes up,	(ਪਰ) ਕਬੀਰ ਆਖਦਾ ਹੈ- ਸੱਚ ਇਹ ਹੈ ਕਿ ਮਨੁੱਖ ਇਸ ਮੂਰਖਤਾ ਵਲੋਂ ਤਦੋਂ ਹੀ ਜਾਗਦਾ ਹੈ (ਤਦੋਂ ਹੀ ਪਛਤਾਉਂਦਾ ਹੈ)
37098	870	ਜਮ ਕਾ ਡੰਡੁ ਮੂੰਡ ਮਹਿ ਲਾਗੈ॥੩॥੨॥		Jam Kaa Ddandd Moondd Mehi Laagai ||3||2||	Only when the Messenger of Death hits him over the head with his club. ||3||2||	ਜਦੋਂ ਮੌਤ ਦਾ ਡੰਡਾ ਇਸ ਦੇ ਸਿਰ ਉੱਤੇ ਆ ਵੱਜਦਾ ਹੈ ॥੩॥੨॥
37099	870	ਗੋਂਡ॥		Gonadd ||	Gond:	
37100	870	ਆਕਾਸਿ ਗਗਨੁ ਪਾਤਾਲਿ ਗਗਨੁ ਹੈ ਚਹੁ ਦਿਸਿ ਗਗਨੁ ਰਹਾਇਲੇ॥		Aakaas Gagan Paathaal Gagan Hai Chahu Dhis Gagan Rehaaeilae ||	The Celestial Lord is in the Akaashic ethers of the skies, the Celestial Lord is in the nether regions of the underworld; in the four directions, the Celestial Lord is pervading.	(ਇਹ ਜਿੰਦ ਜਿਸ ਦਾ ਅੰਸ਼ ਹੈ ਉਹ) ਚੇਤਨ-ਸੱਤਾ ਅਕਾਸ਼ ਤੋਂ ਪਤਾਲ ਤੱਕ ਹਰ ਪਾਸੇ ਮੌਜੂਦ ਹੈ।

37101	870	ਆਨਦ ਮੂਲੁ ਸਦਾ ਪੁਰਖੋਤਮੁ ਘਟੁ ਬਿਨਸੈ ਗਗਨੁ ਨ ਜਾਇਲੇ॥੧॥	ਘਟੁ:ਪੋਲਾ ਬੋਲੋ	Aanadh Mool Sadhaa Purakhotham Ghatt Binasai Gagan N Jaaeilae ||1||	The Supreme Lord God is forever the source of bliss. When the vessel of the body perishes, the Celestial Lord does not perish. ||1||	ਉਹੀ (ਜੀਵਾਂ ਦੇ) ਸੁਖ ਦਾ ਮੂਲ-ਕਾਰਨ ਹੈ। ਉਹ ਸਦਾ ਕਾਇਮ ਰਹਿਣ ਵਾਲਾ ਹੈ, ਉਹ ਹੀ (ਹੈ ਜਿਸ ਨੂੰ) ਉੱਤਮ ਪੁਰਖ (ਪਰਮਾਤਮਾ ਕਹੀਦਾ) ਹੈ। (ਜੀਵਾਂ ਦਾ) ਸਰੀਰ ਨਾਸ ਹੋ ਜਾਂਦਾ ਹੈ, ਪਰ (ਸਰੀਰ ਵਿਚ ਵੱਸਦੀ ਜਿੰਦ ਦਾ ਸੋਮਾ) ਚੇਤਨ-ਸੱਤਾ ਨਾਸ ਨਹੀਂ ਹੁੰਦੀ ॥੧॥
37102	870	ਮੋਹਿ ਬੈਰਾਗੁ ਭਇਓ॥		Mohi Bairaag Bhaeiou ||	I have become sad,	ਮੇਰੇ ਮਨ ਵਿੱਚ (ਹੋਰਨਾਂ ਗੱਲਾਂ ਵਲੋਂ) ਉਪਰਾਮਤਾ ਹੋ ਰਹੀ ਹੈ, (ਮੈਨੂੰ ਹੋਰ ਗੱਲਾਂ ਗ਼ੈਰ-ਜ਼ਰੂਰੀ ਜਾਪਦੀਆਂ ਹਨ।)
37103	870	ਇਹੁ ਜੀਉ ਆਇ ਕਹਾ ਗਇਓ॥੧॥ਰਹਾਉ॥		Eihu Jeeo Aae Kehaa Gaeiou ||1|| Rehaao ||	Wondering where the soul comes from, and where it goes. ||1||Pause||	ਮੇਰਾ ਨਿਸ਼ਚਾ ਹੁਣ ਇਸ ਗੱਲ ਉੱਤੇ ਟਿਕ ਗਿਆ ਹੈ ਕਿ ਇਹ ਜਿੰਦ ਕਦੇ ਮਰਦੀ ਨਹੀਂ (ਕਿਉਂਕਿ ਇਹ ਜਿੰਦ ਉਸ ਸਰਬ-ਵਿਆਪਕ ਸਦਾ-ਥਿਰ ਚੇਤਨ-ਸੱਤਾ ਦਾ ਅੰਸ਼ ਹੈ) ॥੧॥ ਰਹਾਉ ॥
37104	870	ਪੰਚ ਤਤੁ ਮਿਲਿ ਕਾਇਆ ਕੀਨੀ ਤਤੁ ਕਹਾ ਤੇ ਕੀਨੁ ਰੇ॥	ਤੱਤੁ	Panch Thath Mil Kaaeiaa Keenhee Thath Kehaa Thae Keen Rae ||	The body is formed from the union of the five tatvas; but where were the five tatvas created?	ਪੰਜਾਂ ਤੱਤਾਂ ਨੇ ਮਿਲ ਕੇ ਇਹ ਸਰੀਰ ਬਣਾਇਆ ਹੈ (ਪਰ ਇਹਨਾਂ ਤੱਤਾਂ ਦੀ ਭੀ ਕੋਈ ਵੱਖਰੀ ਹਸਤੀ ਨਹੀਂ ਹੈ), ਇਹ ਤੱਤ ਭੀ ਹੋਰ ਕਿੱਥੋਂ ਬਣੇ ਸਨ? (ਇਹ ਭੀ ਚੇਤਨ-ਸੱਤਾ ਤੋਂ ਹੀ ਬਣੇ ਹਨ)।

37105	870	ਕਰਮ ਬਧ ਤੁਮ ਜੀਉ ਕਹਤ ਹੌ ਕਰਮਹਿ ਕਿਨਿ ਜੀਉ ਦੀਨੁ ਰੇ॥੨॥	(ਬਧ)ਬੰਨ੍ਹਿਆਂ। ਬੱਧ	Karam Badhh Thum Jeeo Kehath Ha Karamehi Kin Jeeo Dheen Rae ||2||	You say that the soul is tied to its karma, but who gave karma to the body? ||2||	ਤੁਸੀ ਲੋਕ ਇਹ ਆਖਦੇ ਹੋ ਕਿ ਜੀਵਾਤਮਾ ਕੀਤੇ ਕਰਮਾਂ ਕਰਮਾਂ ਦਾ ਬੱਝਾ ਹੋਇਆ ਹੈ, (ਪਰ ਅਸਲ ਗੱਲ ਇਹ ਹੈ ਕਿ) ਕਰਮਾਂ ਨੂੰ ਭੀ ਪਹਿਲਾਂ ਚੇਤਨ-ਸੱਤਾ ਤੋਂ ਬਿਨਾ ਹੋਰ ਕਿਸ ਨੇ ਵਜੂਦ ਵਿਚ ਲਿਆਉਣਾ ਸੀ? (ਭਾਵ, ਕਰਮਾਂ ਨੂੰ ਭੀ ਪਹਿਲਾਂ ਇਹ ਚੇਤਨ-ਸੱਤਾ ਹੀ ਵਜੂਦ ਵਿਚ ਲਿਆਉਂਦੀ ਹੈ) ॥੨॥
37106	870	ਹਰਿ ਮਹਿ ਤਨੁ ਹੈ ਤਨ ਮਹਿ ਹਰਿ ਹੈ ਸਰਬ ਨਿਰੰਤਰਿ ਸੋਇ ਰੇ॥		Har Mehi Than Hai Than Mehi Har Hai Sarab Niranthar Soe Rae ||	The body is contained in the Lord, and the Lord is contained in the body. He is permeating within all.	ਹੇ ਭਾਈ! ਉਸ ਚੇਤਨ-ਸੱਤਾ ਪ੍ਰਭੂ ਦੇ ਅੰਦਰ ਇਹ (ਜੀਵਾਂ ਦਾ) ਸਰੀਰ ਵਜੂਦ ਵਿਚ ਆਉਂਦਾ ਹੈ, ਤੇ ਸਰੀਰਾਂ ਵਿਚ ਉਹ ਪ੍ਰਭੂ ਵੱਸਦਾ ਹੈ। ਸਭਨਾਂ ਦੇ ਅੰਦਰ ਉਹੀ ਹੈ, ਕਿਤੇ ਵਿੱਥ ਨਹੀਂ ਹੈ।
37107	870	ਕਹਿ ਕਬੀਰ ਰਾਮ ਨਾਮੁ ਨ ਛੋਡਉ ਸਹਜੇ ਹੋਇ ਸੁ ਹੋਇ ਰੇ॥੩॥੩॥		Kehi Kabeer Raam Naam N Shhoddo Sehajae Hoe S Hoe Rae ||3||3||	Says Kabeer, I shall not renounce the Lord's Name. I shall accept whatever happens. ||3||3||	ਸੋ, ਕਬੀਰ ਆਖਦਾ ਹੈ-ਐਸੇ ਚੇਤਨ-ਸੱਤਾ ਪਰਮਾਤਮਾ ਦਾ ਨਾਮ ਮੈਂ ਕਦੇ ਨਹੀਂ ਭੁਲਾਵਾਂਗਾ, (ਨਾਮ ਸਿਮਰਨ ਦੀ ਬਰਕਤਿ ਨਾਲ ਹੀ ਇਹ ਸਮਝ ਆਉਂਦੀ ਹੈ ਕਿ) ਜੋ ਕੁਝ ਜਗਤ ਵਿਚ ਹੋ ਰਿਹਾ ਹੈ ਸੁਤੇ ਹੀ (ਉਸ ਚੇਤਨ-ਸੱਤਾ ਪ੍ਰਭੂ ਦੀ ਰਜ਼ਾ ਵਿਚ) ਹੋ ਰਿਹਾ ਹੈ ॥੩॥੩॥

37108	870	ਰਾਗੁ ਗੋਂਡ ਬਾਣੀ ਕਬੀਰ ਜੀਉ ਕੀ ਘਰੁ ੨		Raag Gonadd Baanee Kabeer Jeeo Kee Ghar 2	Raag Gond, The Word Of Kabeer Jee, Second House:	ਰਾਗ ਗੋਂਡ, ਘਰ ੨ ਵਿੱਚ ਭਗਤ ਕਬੀਰ ਜੀ ਦੀ ਬਾਣੀ।
37109	870	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
37110	870	ਭੁਜਾ ਬਾਂਧਿ ਭਿਲਾ ਕਰਿ ਡਾਰਿਓ॥	ਭੁਜਾ। ਭਿਲਾ:ਪੋਲਾ ਬੋਲੋ	Bhujaa Baandhh Bhilaa Kar Ddaariou ||	They tied my arms, bundled me up, and threw me before an elephant.	ਮੇਰੀਆਂ ਬਾਹਾਂ ਬੰਨ੍ਹ ਕੇ ਢੇਮ ਵਾਂਗ (ਮੈਨੂੰ ਇਹਨਾਂ ਲੋਕਾਂ ਹਾਥੀ ਅੱਗੇ) ਸੁੱਟ ਦਿੱਤਾ ਹੈ,
37111	870	ਹਸਤੀ ਕ੍ਰੋਪਿ ਮੂੰਡ ਮਹਿ ਮਾਰਿਓ॥		Hasathee Krop Moondd Mehi Maariou ||	The elephant driver struck him on the head, and infuriated him.	(ਮਹਾਵਤ ਨੇ) ਗੁੱਸੇ ਵਿਚ ਆ ਕੇ ਹਾਥੀ ਦੇ ਸਿਰ ਉੱਤੇ (ਸੱਟ) ਮਾਰੀ ਹੈ।
37112	870	ਹਸਤਿ ਭਾਗਿ ਕੈ ਚੀਸਾ ਮਾਰੈ॥		Hasath Bhaag Kai Cheesaa Maarai ||	But the elephant ran away, trumpeting,	ਪਰ ਹਾਥੀ (ਮੈਨੂੰ ਪੈਰਾਂ ਹੇਠ ਲਿਤਾੜਨ ਦੇ ਥਾਂ) ਚੀਕਾਂ ਮਾਰ ਕੇ (ਹੋਰ ਪਾਸੇ) ਭੱਜਦਾ ਹੈ,
37113	870	ਇਆ ਮੂਰਤਿ ਕੈ ਹਉ ਬਲਿਹਾਰੈ॥੧॥		Eiaa Moorath Kai Ho Balihaarai ||1||	"I am a sacrifice to this image of the Lord."||1||	(ਜਿਵੇਂ ਆਖਦਾ ਹੈ-) ਮੈਂ ਸਦਕੇ ਹਾਂ ਇਸ ਸੋਹਣੇ ਬੰਦੇ ਤੋਂ ॥੧॥
37114	870	ਆਹਿ ਮੇਰੇ ਠਾਕੁਰ ਤੁਮਰਾ ਜੋਰੁ॥		Aahi Maerae Thaakur Thumaraa Jor ||	O my Lord and Master, You are my strength.	ਹੇ ਮੇਰੇ ਪ੍ਰਭੂ! ਮੈਨੂੰ ਤੇਰਾ ਤਾਣ ਹੈ (ਸੋ, ਤੇਰੀ ਬਰਕਤਿ ਨਾਲ ਮੈਨੂੰ ਕੋਈ ਫ਼ਿਕਰ ਨਹੀਂ ਹੈ)।

37115	870	ਕਾਜੀ ਬਕਿਬੋ ਹਸਤੀ ਤੋਰੁ॥੧॥ਰਹਾਉ॥		Kaajee Bakibo Hasathee Thor ||1|| Rehaao ||	The Qazi shouted at the driver to drive the elephant on. ||1||Pause||	ਕਾਜ਼ੀ ਤਾਂ ਕਹਿ ਰਿਹਾ ਹੈ ਕਿ (ਇਸ ਕਬੀਰ ਉੱਤੇ) ਹਾਥੀ ਚਾੜ੍ਹ ਦੇਹ ॥੧॥ ਰਹਾਉ ॥
37116	870	ਰੇ ਮਹਾਵਤ ਤੁਝੁ ਡਾਰਉ ਕਾਟਿ॥		Rae Mehaavath Thujh Ddaaro Kaatt ||	He yelled out, ""O driver, I shall cut you into pieces.	(ਕਾਜ਼ੀ ਆਖਦਾ ਹੈ-) ਨਹੀਂ ਤਾਂ ਮੈਂ ਤੇਰਾ ਸਿਰ ਉਤਰਾ ਦਿਆਂਗਾ,
37117	870	ਇਸਹਿ ਤੁਰਾਵਹੁ ਘਾਲਹੁ ਸਾਟਿ॥		Eisehi Thuraavahu Ghaalahu Saatt ||	Hit him, and drive him on!""	ਇਸ ਹਾਥੀ ਨੂੰ ਸੱਟ ਮਾਰ ਤੇ (ਕਬੀਰ ਵਲ) ਤੋਰ।
37118	870	ਹਸਤਿ ਨ ਤੋਰੈ ਧਰੈ ਧਿਆਨੁ॥		Hasath N Thorai Dhharai Dhhiaan ||	But the elephant did not move; instead, he began to meditate.	ਪਰ ਹਾਥੀ ਤੁਰਦਾ ਨਹੀਂ (ਉਹ ਤਾਂ ਇਉਂ ਦਿੱਸਦਾ ਹੈ ਜਿਵੇਂ) ਪ੍ਰਭੂ-ਚਰਨਾਂ ਵਿਚ ਮਸਤ ਹੈ,
37119	870	ਵਾ ਕੈ ਰਿਦੈ ਬਸੈ ਭਗਵਾਨੁ॥੨॥		Vaa Kai Ridhai Basai Bhagavaan ||2||	The Lord God abides within his mind. ||2||	(ਜਿਵੇਂ) ਉਸ ਦੇ ਹਿਰਦੇ ਵਿਚ ਪਰਮਾਤਮਾ (ਪਰਗਟ ਹੋ ਕੇ) ਵੱਸ ਰਿਹਾ ਹੈ ॥੨॥
37120	870	ਕਿਆ ਅਪਰਾਧੁ ਸੰਤ ਹੈ ਕੀਨ੍ਹਾ॥		Kiaa Aparaadhh Santh Hai Keenhaa ||	What sin has this Saint committed,	What sin has the saint committed,
37121	870	ਬਾਂਧਿ ਪੋਟ ਕੁੰਚਰ ਕਉ ਦੀਨ੍ਹਾ॥		Baandhh Pott Kunchar Ko Dheenhaa ||	That you have made him into a bundle and thrown him before the elephant?	ਜੋ ਮੇਰੀ ਪੋਟਲੀ ਬੰਨ੍ਹ ਕੇ (ਇਹਨਾਂ ਮੈਨੂੰ) ਹਾਥੀ ਅੱਗੇ ਸੁੱਟ ਦਿੱਤਾ।
37122	870	ਕੁੰਚਰੁ ਪੋਟ ਲੈ ਲੈ ਨਮਸਕਾਰੈ॥		Kunchar Pott Lai Lai Namasakaarai ||	Lifting up the bundle, the elephant bows down before it.	(ਭਾਵੇਂ ਕਿ) ਹਾਥੀ (ਮੇਰੇ ਸਰੀਰ ਦੀ ਬਣੀ) ਪੋਟਲੀ ਨੂੰ ਮੁੜ ਮੁੜ ਸਿਰ ਨਿਵਾ ਰਿਹਾ ਹੈ,

37123	870	ਬੂਝੀ ਨਹੀ ਕਾਜੀ ਅੰਧਿਆਰੈ॥੩॥	ਬੂੱਝੀ। ਕਾਜੀ:ਪੋਲਾ ਬੋਲੋ	Boojhee Nehee Kaajee Andhhiaarai ||3||	The Qazi could not understand it; he was blind. ||3||	ਪਰ ਕਾਜ਼ੀ ਨੂੰ (ਤੁਅੱਸਬ ਦੇ) ਹਨੇਰੇ ਵਿਚ ਇਹ ਸਮਝ ਹੀ ਨਹੀਂ ਆਈ ॥੩॥
37124	870	ਤੀਨਿ ਬਾਰ ਪਤੀਆ ਭਰਿ ਲੀਨਾ॥	ਪਤੀਆ:ਪੋਲਾ ਬੋਲੋ	Theen Baar Patheeaa Bhar Leenaa ||	Three times, he tried to do it.	(ਕਾਜ਼ੀ ਨੇ ਹਾਥੀ ਨੂੰ ਮੇਰੇ ਉਪਰ ਚਾੜ੍ਹ ਚਾੜ੍ਹ ਕੇ) ਤਿੰਨ ਵਾਰੀ ਪਰਤਾਵਾ ਲਿਆ,
37125	871	ਮਨ ਕਠੋਰੁ ਅਜਹੂ ਨ ਪਤੀਨਾ॥		Man Kathor Ajehoo N Patheenaa ||	Even then, his hardened mind was not satisfied.	ਪਰ ਉਸ ਦੀ (ਫਿਰ ਭੀ) ਤਸੱਲੀ ਨਾਹ ਹੋਈ (ਕਿਉਂਕਿ ਉਹ) ਮਨ ਦਾ ਕਠੋਰ ਸੀ।
37126	871	ਕਹਿ ਕਬੀਰ ਹਮਰਾ ਗੋਬਿੰਦੁ॥		Kehi Kabeer Hamaraa Gobindh ||	Says Kabeer, such is my Lord and Master.	ਕਬੀਰ ਆਖਦਾ ਹੈ-(ਕਾਜ਼ੀ ਨੂੰ ਇਹ ਸਮਝ ਨਾਹ ਆਈ ਕਿ) ਸਾਡਾ (ਪ੍ਰਭੂ ਦੇ ਸੇਵਕਾਂ ਦਾ ਰਾਖਾ) ਪਰਮਾਤਮਾ ਹੈ,
37127	871	ਚਉਥੇ ਪਦ ਮਹਿ ਜਨ ਕੀ ਜਿੰਦੁ॥੪॥੧॥੪॥		Chouthhae Padh Mehi Jan Kee Jindh ||4||1||4||	The soul of His humble servant dwells in the fourth state. ||4||1||4||	ਪ੍ਰਭੂ ਦੇ ਦਾਸਾਂ ਦੀ ਜਿੰਦ ਸਦਾ ਉਸ ਅਵਸਥਾ ਵਿਚ, ਜੋ ਤਿੰਨ ਗੁਣਾਂ ਤੋਂ ਉਤਾਂਹ ਹੈ, ਪ੍ਰਭੂ-ਚਰਨਾਂ ਵਿਚ ਟਿਕੀ ਰਹਿੰਦੀ ਹੈ (ਇਸ ਵਾਸਤੇ ਉਹਨਾਂ ਨੂੰ ਕੋਈ ਡਰਾ ਧਮਕਾ ਨਹੀਂ ਸਕਦਾ) ॥੪॥੧॥੪॥
37128	871	ਗੋਂਡ॥		Gonadd ||	Gond:	

37129	871	ਨਾ ਇਹੁ ਮਾਨਸੁ ਨਾ ਇਹੁ ਦੇਉ॥		Naa Eihu Maanas Naa Eihu Dhaeo ||	It is not human, and it is not a god.	(ਕੀਹ ਮਨੁੱਖ, ਕੀਹ ਦੇਵਤਾ; ਕੀਹ ਜਤੀ, ਤੇ ਕੀਹ ਸ਼ਿਵ-ਉਪਾਸ਼ਕ; ਕੀਹ ਜੋਗੀ, ਤੇ ਕੀਹ ਤਿਆਗੀ; ਹਰੇਕ ਵਿਚ ਇੱਕ ਉਹੀ ਵੱਸਦਾ ਹੈ; ਪਰ ਫਿਰ ਭੀ ਸਦਾ ਲਈ) ਨਾਹ ਇਹ ਮਨੁੱਖ ਹੈ ਨਾਹ ਦੇਵਤਾ;
37130	871	ਨਾ ਇਹੁ ਜਤੀ ਕਹਾਵੈ ਸੇਉ॥		Naa Eihu Jathee Kehaavai Saeo ||	It is not called celibate, or a worshipper of Shiva.	ਨਾਹ ਜਤੀ ਹੈ ਨਾਹ ਸ਼ਿਵ-ਉਪਾਸ਼ਕ,
37131	871	ਨਾ ਇਹੁ ਜੋਗੀ ਨਾ ਅਵਧੂਤਾ॥		Naa Eihu Jogee Naa Avadhhoothaa ||	It is not a Yogi, and it is not a hermit.	ਨਾਹ ਜੋਗੀ ਹੈ, ਨਾਹ ਤਿਆਗੀ;
37132	871	ਨਾ ਇਸੁ ਮਾਇ ਨ ਕਾਹੂ ਪੂਤਾ॥੧॥		Naa Eis Maae N Kaahoo Poothaa ||1||	It is not a mother, or anyone's son. ||1||	ਨਾਹ ਇਸ ਦੀ ਕੋਈ ਮਾਂ ਹੈ ਨਾਹ ਇਹ ਕਿਸੇ ਦਾ ਪੁੱਤਰ ॥੧॥
37133	871	ਇਆ ਮੰਦਰ ਮਹਿ ਕੌਨ ਬਸਾਈ॥		Eiaa Mandhar Mehi Kaan Basaaee ||	Then what is it, which dwells in this temple of the body?	(ਸਾਡੇ) ਇਸ ਸਰੀਰ-ਰੂਪ ਘਰ ਵਿਚ ਕੌਣ ਵੱਸਦਾ ਹੈ? ਉਸ ਦਾ ਕੀਹ ਅਸਲਾ ਹੈ?
37134	871	ਤਾ ਕਾ ਅੰਤੁ ਨ ਕੋਊ ਪਾਈ॥੧॥ਰਹਾਉ॥		Thaa Kaa Anth N Kooo Paaee ||1|| Rehaao ||	No one can find its limits. ||1||Pause||	ਇਸ ਗੱਲ ਦੀ ਤਹਿ ਵਿਚ ਕੋਈ ਨਹੀਂ ਅੱਪੜਿਆ ॥੧॥ ਰਹਾਉ ॥

37135	871	ਨਾ ਇਹੁ ਗਿਰਹੀ ਨਾ ਓਦਾਸੀ॥		Naa Eihu Girehee Naa Oudhaasee ||	It is not a house-holder, and it is not a renouncer of the world.	(ਗ੍ਰਿਹਸਤੀ, ਉਦਾਸੀ; ਰਾਜਾ, ਕੰਗਾਲ; ਬ੍ਰਾਹਮਣ, ਖੱਤ੍ਰੀ; ਸਭ ਵਿਚ ਇਹੀ ਵੱਸਦਾ ਹੈ; ਫਿਰ ਭੀ ਇਹਨਾਂ ਵਿਚ ਰਹਿਣ ਕਰ ਕੇ ਸਦਾ ਲਈ) ਨਾਹ ਇਹ ਗ੍ਰਿਹਸਤੀ ਹੈ ਨਾਹ ਉਦਾਸੀ,
37136	871	ਨਾ ਇਹੁ ਰਾਜ ਨ ਭੀਖ ਮੰਗਾਸੀ॥		Naa Eihu Raaj N Bheekh Mangaasee ||	It is not a king, and it is not a beggar.	ਨਾਹ ਇਹ ਰਾਜਾ ਹੈ ਨਾਹ ਮੰਗਤਾ;
37137	871	ਨਾ ਇਸੁ ਪਿੰਡੁ ਨ ਰਕਤੂ ਰਾਤੀ॥	(ਰਕਤੂ)ਲਹੂ। (ਰਾਤੀ)ਰੱਤੀ	Naa Eis Pindd N Rakathoo Raathee ||	It has no body, no drop of blood.	ਨਾਹ ਇਸ ਦਾ ਕੋਈ ਸਰੀਰ ਹੈ ਨਾਹ ਇਸ ਵਿਚ ਰਤਾ ਭਰ ਭੀ ਲਹੂ ਹੈ;
37138	871	ਨਾ ਇਹੁ ਬ੍ਰਹਮਨੁ ਨਾ ਇਹੁ ਖਾਤੀ॥੨॥	(ਖਾਤੀ)ਖੱਤ੍ਰੀ	Naa Eihu Brehaman Naa Eihu Khaathee ||2||	It is not a Brahmin, and it is not a Kh'shaatriya. ||2||	ਨਾਹ ਇਹ ਬ੍ਰਾਹਮਣ ਹੈ ਨਾਹ ਖੱਤ੍ਰੀ ॥੨॥
37139	871	ਨਾ ਇਹੁ ਤਪਾ ਕਹਾਵੈ ਸੇਖੁ॥		Naa Eihu Thapaa Kehaavai Saekh ||	It is not called a man of austere self-discipline, or a Shaykh.	(ਤਪੇ, ਸ਼ੇਖ਼, ਸਭ ਵਿਚ ਇਹੀ ਹੈ; ਸਭ ਸਰੀਰਾਂ ਵਿਚ ਆ ਕੇ ਜੰਮਦਾ ਮਰਦਾ ਭੀ ਜਾਪਦਾ ਹੈ, ਫਿਰ ਭੀ ਸਦਾ ਲਈ) ਨਾਹ ਇਹ ਕੋਈ ਤਪਸ੍ਵੀ ਹੈ ਨਾਹ ਕੋਈ ਸ਼ੇਖ਼ ਹੈ;
37140	871	ਨਾ ਇਹੁ ਜੀਵੈ ਨ ਮਰਤਾ ਦੇਖੁ॥		Naa Eihu Jeevai N Marathaa Dhaekh ||	It does not live, and it is not seen to die.	ਨਾਹ ਇਹ ਜੰਮਦਾ ਹੈ ਨਾਹ ਮਰਦਾ ਹੈ।
37141	871	ਇਸੁ ਮਰਤੇ ਕਉ ਜੇ ਕੋਊ ਰੋਵੈ॥		Eis Marathae Ko Jae Kooo Rovai ||	If someone cries over its death,	ਜਿਹੜਾ ਕੋਈ ਜੀਵ ਇਸ (ਅੰਦਰ-ਵੱਸਦੇ) ਨੂੰ ਮਰਦਾ ਸਮਝ ਕੇ ਰੋਂਦਾ ਹੈ,

37142	871	ਜੋ ਰੋਵੈ ਸੋਈ ਪਤਿ ਖੋਵੈ॥੩॥	ਪਤਿ:ਪੋਲਾ ਬੋਲੋ	Jo Rovai Soee Path Khovai ||3||	That person loses his honor. ||3||	ਉਹ (ਜੋ ਰੋਂਦਾ ਹੈ) ਖ਼ੁਆਰ ਹੀ ਹੁੰਦਾ ਹੈ ॥੩॥
37143	871	ਗੁਰ ਪ੍ਰਸਾਦਿ ਮੈ ਡਗਰੋ ਪਾਇਆ॥	(ਡਗਰੋ)ਰਸਤਾ। ਡਗਰੋ:ਪੋਲਾ ਬੋਲੋ	Gur Prasaadh Mai Ddagaro Paaeiaa ||	By Guru's Grace, I have found the Path.	(ਜਦੋਂ ਦਾ) ਮੈਂ ਆਪਣੇ ਗੁਰੂ ਦੀ ਕਿਰਪਾ ਨਾਲ (ਜ਼ਿੰਦਗੀ ਦਾ ਸਹੀ) ਰਸਤਾ ਲੱਭਾ ਹੈ,
37144	871	ਜੀਵਨ ਮਰਨੁ ਦੋਊ ਮਿਟਵਾਇਆ॥		Jeevan Maran Dhooo Mittavaaeiaa ||	Birth and death have both been erased.	ਮੈਂ ਆਪਣਾ ਜਨਮ ਮਰਨ ਦੋਵੇਂ ਖ਼ਤਮ ਕਰਾ ਲਏ ਹਨ (ਭਾਵ, ਮੇਰਾ ਜਨਮ-ਮਰਨ ਦਾ ਗੇੜ ਮੁੱਕ ਗਿਆ ਹੈ।
37145	871	ਕਹੁ ਕਬੀਰ ਇਹੁ ਰਾਮ ਕੀ ਅੰਸੁ॥		Kahu Kabeer Eihu Raam Kee Ans ||	Says Kabeer, this is formed of the same essence as the Lord.	ਕਬੀਰ ਆਖਦਾ ਹੈ- (ਹੁਣ ਮੈਨੂੰ ਸਮਝ ਆ ਗਈ ਹੈ ਕਿ) ਸਾਡੇ ਅੰਦਰ ਵੱਸਣ ਵਾਲਾ ਇਹ ਪਰਮਾਤਮਾ ਦੀ ਅੰਸ ਹੈ,
37146	871	ਜਸ ਕਾਗਦ ਪਰ ਮਿਟੈ ਨ ਮੰਸੁ॥੪॥੨॥੫॥		Jas Kaagadh Par Mittai N Mans ||4||2||5||	It is like the ink on the paper which cannot be erased. ||4||2||5||	ਤੇ ਇਹ ਦੋਵੇਂ ਆਪੋ ਵਿਚ ਇਉਂ ਜੁੜੇ ਹੋਏ ਹਨ ਜਿਵੇਂ ਕਾਗ਼ਜ਼ ਅਤੇ (ਕਾਗ਼ਜ਼ ਉੱਤੇ ਲਿਖੇ ਅੱਖਰਾਂ ਦੀ) ਸਿਆਹੀ ॥੪॥੨॥੫॥
37147	871	ਗੋਂਡ॥		Gonadd ||	Gond:	
37148	871	ਤੂਟੇ ਤਾਗੇ ਨਿਖੁਟੀ ਪਾਨਿ॥		Thoottae Thaagae Nikhuttee Paan ||	The threads are broken, and the starch has run out.	(ਇਸ ਨੂੰ ਘਰ ਦੇ ਕੰਮ-ਕਾਜ ਦਾ ਕੋਈ ਫ਼ਿਕਰ ਹੀ ਨਹੀਂ, ਜੇ) ਤਾਣੀ ਦੇ ਧਾਗੇ ਟੁੱਟੇ ਪਏ ਹਨ (ਤਾਂ ਟੁੱਟੇ ਹੀ ਰਹਿੰਦੇ ਹਨ), ਜੇ ਪਾਣ ਮੁੱਕ ਗਈ ਹੈ (ਤਾਂ ਮੁੱਕੀ ਹੀ ਪਈ ਹੈ)।

37149	871	ਦੁਆਰ ਊਪਰਿ ਝਿਲਕਾਵਹਿ ਕਾਨ॥		Dhuaar Oopar Jhilakaavehi Kaan ||	Bare reeds glisten at the front door.	ਬੂਹੇ ਤੇ (ਸੱਖਣੇ) ਕਾਨੇ ਪਏ ਲਿਸ਼ਕਦੇ ਹਨ (ਵਰਤਣ ਖੁਣੋਂ ਪਏ ਹਨ);
37150	871	ਕੂਚ ਬਿਚਾਰੇ ਫੂਏ ਫਾਲ॥		Kooch Bichaarae Fooeae Faal ||	The poor brushes are scattered in pieces.	ਵਿਚਾਰੇ ਕੁੱਚ ਤੀਲਾ ਤੀਲਾ ਹੋ ਰਹੇ ਹਨ;
37151	871	ਇਆ ਮੁੰਡੀਆ ਸਿਰਿ ਚਢਿਬੋ ਕਾਲ॥੧॥		Eiaa Munddeeaa Sir Chadtibo Kaal ||1||	Death has entered this shaven head. ||1||	(ਪਤਾ ਨਹੀਂ ਇਸ ਸਾਧੂ ਦਾ ਕੀਹ ਬਣੇਗਾ), ਇਸ ਸਾਧੂ ਦੇ ਸਿਰ ਮੌਤ ਸਵਾਰ ਹੋਈ ਜਾਪਦੀ ਹੈ ॥੧॥
37152	871	ਇਹੁ ਮੁੰਡੀਆ ਸਗਲੋ ਦ੍ਰਬੁ ਖੋਈ॥		Eihu Munddeeaa Sagalo Dhrab Khoee ||	This shaven-headed mendicant has wasted all his wealth.	(ਮੇਰਾ) ਇਹ (ਖਸਮ) ਸਾਧੂ ਸਾਰਾ (ਕਮਾਇਆ) ਧਨ ਗਵਾਈ ਜਾਂਦਾ ਹੈ।
37153	871	ਆਵਤ ਜਾਤ ਨਾਕਸਰ ਹੋਈ॥੧॥ਰਹਾਉ॥	(ਨਾਕਸਰ)ਨੱਕ ਚ ਜਿੰਦ ਆ ਗਈ	Aavath Jaath Naak Sar Hoee ||1|| Rehaao ||	All this coming and going has irritated him. ||1||Pause||	(ਇਸ ਦੇ ਸਤਸੰਗੀਆਂ ਦੀ) ਆਵਾਜਾਈ ਨਾਲ ਮੇਰੀ ਨੱਕ-ਜਿੰਦ ਆਈ ਪਈ ਹੈ ॥੧॥ ਰਹਾਉ ॥
37154	871	ਤੁਰੀ ਨਾਰਿ ਕੀ ਛੋਡੀ ਬਾਤਾ॥		Thuree Naar Kee Shhoddee Baathaa ||	He has given up all talk of his weaving equipment.	ਤੁਰੀ ਤੇ ਨਾਲਾਂ (ਦੇ ਵਰਤਣ) ਦਾ ਇਸ ਨੂੰ ਚੇਤਾ ਹੀ ਨਹੀਂ (ਭਾਵ, ਕੱਪੜਾ ਉਣਨ ਦਾ ਇਸ ਨੂੰ ਕੋਈ ਖ਼ਿਆਲ ਹੀ ਨਹੀਂ ਹੈ)।
37155	871	ਰਾਮ ਨਾਮ ਵਾ ਕਾ ਮਨੁ ਰਾਤਾ॥		Raam Naam Vaa Kaa Man Raathaa ||	His mind is attuned to the Lord's Name.	ਇਸ ਦਾ ਮਨ ਸਦਾ ਰਾਮ-ਨਾਮ ਵਿਚ ਰੰਗਿਆ ਰਹਿੰਦਾ ਹੈ।

37156	871	ਲਰਿਕੀ ਲਰਿਕਨ ਖੈਬੋ ਨਾਹਿ॥	(ਲਰਿਕੀ) ਲੜਕੀ। (ਲਰਿਕਨ) ਲੜਕੇ	Larikee Larikan Khaibo Naahi ||	His daughters and sons have nothing to eat,	(ਘਰ ਵਿਚ) ਕੁੜੀ ਮੁੰਡਿਆਂ ਦੇ ਖਾਣ ਜੋਗਾ ਕੁਝ ਨਹੀਂ (ਰਹਿੰਦਾ)
37157	871	ਮੁੰਡੀਆ ਅਨ ਦਿਨੁ ਧਾਪੇ ਜਾਹਿ॥੨॥	(ਮੁੰਡੀਆ) ਪਰਮਹੰਸ ਸਾਧੂ। ਧਾਪੇ ਰੱਜੇ	Munddeeaa Anadhin Dhhaapae Jaahi ||2||	While the shaven-headed mendicants night and day eat their fill. ||2||	ਪਰ ਇਸ ਦੇ ਸਤਸੰਗੀ ਹਰ ਰੋਜ਼ ਰੱਜ ਕੇ ਜਾਂਦੇ ਹਨ। (ਨੋਟ: ਸ਼ਿਕਾਇਤ ਇਹੀ ਹੈ ਕਿ ਸਾਂਭ ਕੇ ਨਹੀਂ ਰੱਖਦਾ। ਕੰਮ ਕਰਨਾ ਨਹੀਂ ਛੱਡਿਆ) ॥੨॥
37158	871	ਇਕ ਦੁਇ ਮੰਦਰਿ ਇਕ ਦੁਇ ਬਾਟ॥		Eik Dhue Mandhar Eik Dhue Baatt ||	One or two are in the house, and one or two more are on the way.	ਜੇ ਇੱਕ ਦੋ ਸਾਧੂ (ਸਾਡੇ) ਘਰ ਬੈਠੇ ਹਨ ਤਾਂ ਇਕ ਦੋ ਤੁਰੇ ਭੀ ਆ ਰਹੇ ਹਨ, (ਹਰ ਵੇਲੇ ਆਵਾਜਾਈ ਲੱਗੀ ਰਹਿੰਦੀ ਹੈ)।
37159	871	ਹਮ ਕਉ ਸਾਥਰੁ ਉਨ ਕਉ ਖਾਟ॥	ਸੱਥਰੁ	Ham Ko Saathhar Oun Ko Khaatt ||	We sleep on the floor, while they sleep in the beds.	ਸਾਨੂੰ ਭੁੰਞੇ ਸੌਣਾ ਪੈਂਦਾ ਹੈ, ਉਹਨਾਂ ਨੂੰ ਮੰਜੇ ਦਿੱਤੇ ਜਾਂਦੇ ਹਨ।
37160	871	ਮੂਡ ਪਲੋਸਿ ਕਮਰ ਬਧਿ ਪੋਥੀ॥	ਬੱਧਿ	Moodd Palos Kamar Badhh Pothhee ||	They rub their bare heads, and carry prayer-books in their waist-bands.	ਉਹ ਸਾਧੂ ਲੱਕਾਂ ਨਾਲ ਪੋਥੀਆਂ ਲਮਕਾਈਆਂ ਹੋਈਆਂ ਸਿਰਾਂ ਤੇ ਹੱਥ ਫੇਰਦੇ ਤੁਰੇ ਆਉਂਦੇ ਹਨ।
37161	871	ਹਮ ਕਉ ਚਾਬਨੁ ਉਨ ਕਉ ਰੋਟੀ॥੩॥		Ham Ko Chaaban Oun Ko Rottee ||3||	We get dry grains, while they get loaves of bread. ||3||	(ਕਈ ਵਾਰ ਉਹਨਾਂ ਦੇ ਕੁਵੇਲੇ ਆ ਜਾਣ ਤੇ) ਸਾਨੂੰ ਤਾਂ ਭੁੱਜੇ ਦਾਣੇ ਚੱਬਣੇ ਪੈਂਦੇ ਹਨ, ਉਹਨਾਂ ਨੂੰ ਰੋਟੀਆਂ ਮਿਲਦੀਆਂ ਹਨ ॥੩॥

37162	871	ਮੁੰਡੀਆ ਮੁੰਡੀਆ ਹੂਏ ਏਕ॥		Munddeeaa Munddeeaa Hooeae Eaek ||	He will become one of these shaven-headed mendicants.	ਹੇ ਕਬੀਰ! (ਆਖ-ਇਹਨਾਂ ਸਤ-ਸੰਗੀਆਂ ਨਾਲ ਇਹ ਪਿਆਰ ਇਸ ਵਾਸਤੇ ਹੈ ਕਿ) ਸਤ ਸੰਗੀਆਂ ਦੇ ਦਿਲ ਆਪੇ ਵਿਚ ਮਿਲੇ ਹੋਏ ਹਨ।
37163	871	ਏ ਮੁੰਡੀਆ ਬੂਡਤ ਕੀ ਟੇਕ॥		Eae Munddeeaa Booddath Kee Ttaek ||	They are the support of the drowning.	ਤੇ ਇਹ ਸਤ-ਸੰਗੀ (ਸੰਸਾਰ-ਸਮੁੰਦਰ ਦੇ ਵਿਕਾਰਾਂ ਵਿਚ) ਡੁੱਬਦਿਆਂ ਦਾ ਸਹਾਰਾ ਹਨ।
37164	871	ਸੁਨਿ ਅੰਧਲੀ ਲੋਈ ਬੇਪੀਰਿ॥		Sun Andhhalee Loee Baepeer ||	Listen, O blind and unguided Loi:	ਹੇ ਅੰਨ੍ਹੀ ਨਿਗੁਰੀ ਲੋਈ! ਸੁਣ!
37165	871	ਇਨ੍ ਮੁੰਡੀਅਨ ਭਜਿ ਸਰਨਿ ਕਬੀਰ॥੪॥੩॥੬॥		Einh Munddeean Bhaj Saran Kabeer ||4||3||6||	Kabeer has taken shelter with these shaven-headed mendicants. ||4||3||6||	ਤੂੰ ਭੀ ਇਹਨਾਂ ਸਤ-ਸੰਗੀਆਂ ਦੀ ਸ਼ਰਨ ਪਉ ॥੪॥੩॥੬॥
37166	871	ਗੋਂਡ॥		Gonadd ||	Gond:	
37167	871	ਖਸਮੁ ਮਰੈ ਤਉ ਨਾਰਿ ਨ ਰੋਵੈ॥		Khasam Marai Tho Naar N Rovai ||	When her husband dies, the woman does not cry.	(ਪਰ ਇਸ ਮਾਇਆ ਨੂੰ ਇਸਤ੍ਰੀ ਬਣਾ ਕੇ ਰੱਖਣ ਵਾਲਾ) ਮਨੁੱਖ (ਆਖ਼ਰ) ਮਰ ਜਾਂਦਾ ਹੈ, ਇਹ (ਮਾਇਆ) ਵਹੁਟੀ (ਉਸ ਦੇ ਮਰਨ ਤੇ) ਰੋਂਦੀ ਭੀ ਨਹੀਂ,
37168	871	ਉਸੁ ਰਖਵਾਰਾ ਅਉਰੋ ਹੋਵੈ॥		Ous Rakhavaaraa Aouro Hovai ||	Someone else becomes her protector.	ਕਿਉਂਕਿ ਇਸ ਦਾ ਰਾਖਾ (ਖਸਮ) ਕੋਈ ਧਿਰ ਹੋਰ ਬਣ ਜਾਂਦਾ ਹੈ (ਸੋ, ਇਹ ਕਦੇ ਭੀ ਰੰਡੀ ਨਹੀਂ ਹੁੰਦੀ)।

37169	871	ਰਖਵਾਰੇ ਕਾ ਹੋਇ ਬਿਨਾਸ॥		Rakhavaarae Kaa Hoe Binaas ||	When this protector dies,	(ਇਸ ਮਾਇਆ ਦਾ) ਰਾਖਾ ਮਰ ਜਾਂਦਾ ਹੈ,
37170	871	ਆਗੈ ਨਰਕੁ ਈਹਾ ਭੋਗ ਬਿਲਾਸ॥੧॥		Aagai Narak Eehaa Bhog Bilaas ||1||	He falls into the world of hell hereafter, for the sexual pleasures he enjoyed in this world. ||1||	ਮਨੁੱਖ ਇੱਥੇ ਇਸ ਮਾਇਆ ਦੇ ਭੋਗਾਂ (ਵਿਚ ਮਸਤ ਰਹਿਣ) ਕਰਕੇ ਅਗਾਂਹ (ਆਪਣੇ ਲਈ) ਨਰਕ ਸਹੇੜਦਾ ਹੈ ॥੧॥
37171	871	ਏਕ ਸੁਹਾਗਨਿ ਜਗਤ ਪਿਆਰੀ॥		Eaek Suhaagan Jagath Piaaree ||	The world loves only the one bride, Maya.	(ਇਹ ਮਾਇਆ) ਇਕ ਐਸੀ ਸੁਹਾਗਣ ਨਾਰ ਹੈ ਜਿਸ ਨੂੰ ਸਾਰਾ ਜਗਤ ਪਿਆਰ ਕਰਦਾ ਹੈ,
37172	871	ਸਗਲੇ ਜੀਅ ਜੰਤ ਕੀ ਨਾਰੀ॥੧॥ਰਹਾਉ॥		Sagalae Jeea Janth Kee Naaree ||1|| Rehaao ||	She is the wife of all beings and creatures. ||1||Pause||	ਸਾਰੇ ਜੀਆ ਜੰਤ ਇਸ ਨੂੰ ਆਪਣੀ ਇਸਤ੍ਰੀ ਬਣਾ ਕੇ ਰੱਖਣਾ ਚਾਹੁੰਦੇ ਹਨ (ਆਪਣੇ ਵੱਸ ਵਿਚ ਰੱਖਣਾ ਚਾਹੁੰਦੇ ਹਨ) ॥੧॥ ਰਹਾਉ ॥
37173	871	ਸੋਹਾਗਨਿ ਗਲਿ ਸੋਹੈ ਹਾਰੁ॥		Sohaagan Gal Sohai Haar ||	With her necklace around her neck, this bride looks beautiful.	ਇਸ ਸੋਹਾਗਣ ਨਾਰ ਦੇ ਗਲ ਵਿਚ ਹਾਰ ਸੋਭਦਾ ਹੈ, (ਭਾਵ, ਜੀਵਾਂ ਦੇ ਮਨ ਮੋਹਣ ਨੂੰ ਸਦਾ ਸੁਹਣੀ ਬਣੀ ਰਹਿੰਦੀ ਹੈ)।
37174	871	ਸੰਤ ਕਉ ਬਿਖੁ ਬਿਗਸੈ ਸੰਸਾਰੁ॥		Santh Ko Bikh Bigasai Sansaar ||	She is poison to the Saint, but the world is delighted with her.	(ਇਸ ਨੂੰ ਵੇਖ ਵੇਖ ਕੇ) ਜਗਤ ਖ਼ੁਸ਼ ਹੁੰਦਾ ਹੈ, ਪਰ ਸੰਤਾਂ ਨੂੰ ਇਹ ਜ਼ਹਿਰ (ਵਾਂਗ) ਦਿੱਸਦੀ ਹੈ।
37175	871	ਕਰਿ ਸੀਗਾਰੁ ਬਹੈ ਪਖਿਆਰੀ॥	ਸਹੁਰੇ ਪੇਕੇ ਪੱਖ ਨੂੰ, ਆਰੀ ਵਾਂਗ ਕੱਟਣ ਵਾਲੀ (ਪਖਿਆਰੀ)ਵੇਸਵਾ	Kar Seegaar Behai Pakhiaaree ||	Adorning herself, she sits like a prostitute.	ਵੇਸਵਾ (ਵਾਂਗ) ਸਦਾ ਸ਼ਿੰਗਾਰ ਕਰੀ ਰੱਖਦੀ ਹੈ,

37176	871	ਸੰਤ ਕੀ ਠਿਠਕੀ ਫਿਰੈ ਬਿਚਾਰੀ॥੨॥		Santh Kee Thithakee Firai Bichaaree ||2||	Cursed by the Saints, she wanders around like a wretch. ||2||	ਪਰ ਸੰਤਾਂ ਦੀ ਫਿਟਕਾਰੀ ਹੋਈ ਵਿਚਾਰੀ (ਸੰਤਾਂ ਤੋਂ) ਪਰੇ ਪਰੇ ਹੀ ਫਿਰਦੀ ਹੈ ॥੨॥
37177	871	ਸੰਤ ਭਾਗਿ ਓਹ ਪਾਛੈ ਪਰੈ॥		Santh Bhaag Ouh Paashhai Parai ||	She runs around, chasing after the Saints.	(ਇਹ ਮਾਇਆ) ਭੱਜ ਕੇ ਸੰਤਾਂ ਦੇ ਲੜ ਲੱਗਣ ਦੀ ਕੋਸ਼ਸ਼ ਕਰਦੀ ਹੈ,
37178	871	ਗੁਰ ਪਰਸਾਦੀ ਮਾਰਹੁ ਡਰੈ॥		Gur Parasaadhee Maarahu Ddarai ||	She is afraid of being beaten by those blessed with the Guru's Grace.	ਪਰ (ਸੰਤਾਂ ਉੱਤੇ) ਗੁਰੂ ਦੀ ਮਿਹਰ ਹੋਣ ਕਰ ਕੇ (ਇਹ ਸੰਤਾਂ ਦੀ) ਮਾਰ ਤੋਂ ਭੀ ਡਰਦੀ ਹੈ (ਇਸ ਵਾਸਤੇ ਨੇੜੇ ਨਹੀਂ ਢੁੱਕਦੀ)।
37179	871	ਸਾਕਤ ਕੀ ਓਹ ਪਿੰਡ ਪਰਾਇਣਿ॥		Saakath Kee Ouh Pindd Paraaein ||	She is the body, the breath of life, of the faithless cynics.	ਇਹ ਮਾਇਆ ਪ੍ਰਭੂ ਨਾਲੋਂ ਟੁੱਟੇ ਹੋਏ ਬੰਦਿਆਂ ਦੀ ਜਿੰਦ-ਜਾਨ ਬਣੀ ਰਹਿੰਦੀ ਹੈ,
37180	871	ਹਮ ਕਉ ਦ੍ਰਿਸਟਿ ਪਰੈ ਤ੍ਰਖਿ ਡਾਇਣਿ॥੩॥	(ਤ੍ਰਖਿ)ਤਿੱਖੇ ਨੇਤ੍ਰਾਂ ਵਾਲੀ ਡਾਇਣਿ,ਡੈਣ	Ham Ko Dhrisatt Parai Thrakh Ddaaein ||3||	She appears to me like a blood-thirsty witch. ||3||	ਪਰ ਮੈਨੂੰ ਤਾਂ ਇਹ ਭਿਆਨਕ ਡੈਣ ਦਿੱਸਦੀ ਹੈ ॥੩॥
37181	871	ਹਮ ਤਿਸ ਕਾ ਬਹੁ ਜਾਨਿਆ ਭੇਉ॥		Ham This Kaa Bahu Jaaniaa Bhaeo ||	I know her secrets well	ਤਦੋਂ ਤੋਂ ਮੈਂ ਇਸ ਮਾਇਆ ਦਾ ਭੇਤ ਪਾ ਲਿਆ ਹੈ,
37182	871	ਜਬ ਹੂਏ ਕ੍ਰਿਪਾਲ ਮਿਲੇ ਗੁਰਦੇਉ॥		Jab Hooeae Kirapaal Milae Guradhaeo ||	In His Mercy, the Divine Guru met me.	ਜਦੋਂ ਮੇਰੇ ਸਤਿਗੁਰੂ ਜੀ ਮੇਰੇ ਉੱਤੇ ਦਿਆਲ ਹੋਏ ਤੇ ਮੈਨੂੰ ਮਿਲ ਪਏ।

37183	871	ਕਹੁ ਕਬੀਰ ਅਬ ਬਾਹਰਿ ਪਰੀ॥		Kahu Kabeer Ab Baahar Paree ||	Says Kabeer, now I have thrown her out.	ਕਬੀਰ ਆਖਦਾ ਹੈ- ਮੈਥੋਂ ਤਾਂ ਇਹ ਮਾਇਆ (ਹੁਣ) ਪਰੇ ਹਟ ਗਈ ਹੈ,
37184	871	ਸੰਸਾਰੈ ਕੈ ਅੰਚਲਿ ਲਰੀ॥੪॥੪॥੭॥		Sansaarai Kai Anchal Laree ||4||4||7||	She clings to the skirt of the world. ||4||4||7||	ਤੇ ਸੰਸਾਰੀ ਜੀਵਾਂ ਦੇ ਪੱਲੇ ਜਾ ਲੱਗੀ ਹੈ ॥੪॥੪॥੭॥
37185	872	ਗੋਂਡ॥		Gonadd ||	Gond:	
37186	872	ਗ੍ਰਿਹਿ ਸੋਭਾ ਜਾ ਕੈ ਰੇ ਨਾਹਿ॥		Grihi Sobhaa Jaa Kai Rae Naahi ||	When someone's household has no glory	ਹੇ ਭਾਈ! ਜਿਸ ਮਨੁੱਖ ਦੇ ਘਰ ਵਿਚ (ਘਰ ਦੀ ਸੁਹੱਪਣ) ਮਾਇਆ ਨਹੀਂ ਹੈ,
37187	872	ਆਵਤ ਪਹੀਆ ਖੂਧੇ ਜਾਹਿ॥		Aavath Peheeaa Khoodhhae Jaahi ||	The guests who come there depart still hungry.	ਉਸ ਘਰ ਆਏ ਪਾਂਧੀ ਭੁੱਖੇ ਚਲੇ ਜਾਂਦੇ ਹਨ।
37188	872	ਵਾ ਕੈ ਅੰਤਰਿ ਨਹੀ ਸੰਤੋਖੁ॥		Vaa Kai Anthar Nehee Santhokh ||	Deep within, there is no contentment.	ਉਸ ਘਰ ਦੇ ਮਾਲਕ ਦੇ ਹਿਰਦੇ ਵਿਚ ਭੀ ਧਰਵਾਸ ਨਹੀਂ ਬਣਦਾ।
37189	872	ਬਿਨੁ ਸੋਹਾਗਨਿ ਲਾਗੈ ਦੋਖੁ॥੧॥		Bin Sohaagan Laagai Dhokh ||1||	Without his bride, the wealth of Maya, he suffers in pain. ||1||	ਸੋ, ਮਾਇਆ ਤੋਂ ਬਿਨਾ ਗ੍ਰਿਹਸਤ ਉੱਤੇ ਗਿਲਾ ਆਉਂਦਾ ਹੈ ॥੧॥
37190	872	ਧਨੁ ਸੋਹਾਗਨਿ ਮਹਾ ਪਵੀਤ॥		Dhhan Sohaagan Mehaa Paveeth ||	So praise this bride, which can shake the consciousness	ਸਦਾ ਖਸਮ-ਵਤੀ ਰਹਿਣ ਵਾਲੀ ਮਾਇਆ ਧੰਨ ਹੈ, (ਇਹ ਮਾੜੀ ਨਹੀਂ) ਬੜੀ ਪਵਿੱਤਰ ਹੈ।

37191	872	ਤਪੇ ਤਪੀਸਰ ਡੋਲੈ ਚੀਤ॥੧॥ਰਹਾਉ॥		Thapae Thapeesar Ddolai Cheeth ||1|| Rehaao ||	Of even the most dedicated ascetics and sages. ||1||Pause||	(ਇਸ ਤੋਂ ਬਿਨਾ) ਵੱਡੇ ਵੱਡੇ ਤਪੀਆਂ ਦੇ ਮਨ (ਭੀ) ਡੋਲ ਜਾਂਦੇ ਹਨ (ਭਾਵ, ਜੇ ਸਰੀਰ ਦੇ ਨਿਰਬਾਹ ਲਈ ਮਾਇਆ ਨਾਹ ਮਿਲੇ ਤਾਂ ਤਪੀ ਭੀ ਘਾਬਰ ਜਾਂਦੇ ਹਨ) ॥੧॥ ਰਹਾਉ ॥
37192	872	ਸੋਹਾਗਨਿ ਕਿਰਪਨ ਕੀ ਪੂਤੀ॥	ਪੂੱਤੀ	Sohaagan Kirapan Kee Poothee ||	This bride is the daughter of a wretched miser.	ਪਰ ਇਹ ਮਾਇਆ ਸ਼ੂਮਾਂ ਦੀ ਧੀ ਬਣ ਕੇ ਰਹਿੰਦੀ ਹੈ, (ਭਾਵ, ਸ਼ੂਮ ਇਕੱਠੀ ਹੀ ਕਰੀ ਜਾਂਦਾ ਹੈ, ਵਰਤਦਾ ਨਹੀਂ)।
37193	872	ਸੇਵਕ ਤਜਿ ਜਗਤ ਸਿਉ ਸੂਤੀ॥		Saevak Thaj Jagath Sio Soothee ||	Abandoning the Lord's servant, she sleeps with the world.	ਪ੍ਰਭੂ ਦੇ ਸੇਵਕਾਂ ਤੋਂ ਬਿਨਾ ਹੋਰ ਸਭ ਨੂੰ ਇਸ ਨੇ ਆਪਣੇ ਵੱਸ ਵਿਚ ਕੀਤਾ ਹੋਇਆ ਹੈ।
37194	872	ਸਾਧੂ ਕੈ ਠਾਢੀ ਦਰਬਾਰਿ॥		Saadhhoo Kai Thaadtee Dharabaar ||	Standing at the door of the holy man,	ਭਗਤ-ਜਨ ਦੇ ਦਰ ਤੇ ਖਲੋਤੀ (ਪੁਕਾਰਦੀ ਹੈ ਕਿ),
37195	872	ਸਰਨਿ ਤੇਰੀ ਮੋਕਉ ਨਿਸਤਾਰਿ॥੨॥		Saran Thaeree Mo Ko Nisathaar ||2||	She says, ""I have come to your sanctuary; now save me!""||2||	I have sought the Protection, now save thou me".
37196	872	ਸੋਹਾਗਨਿ ਹੈ ਅਤਿ ਸੁੰਦਰੀ॥		Sohaagan Hai Ath Sundharee ||	This bride is so beautiful.	ਮਾਇਆ ਬੜੀ ਸੁਹਣੀ ਹੈ।

37197	872	ਪਗ ਨੇਵਰ ਛਨਕ ਛਨ ਹਰੀ॥	ਮਾਇਆ ਦੇ(ਪਗ)ਪੈਰਾਂ ਚ ਚੋਰੀ ਬੁਰਿਆਈ ਰੂਪ ਨੇਵਰਪੌਂਟੇ। ਮੰਦ ਕਰਮ ਵਿਸ਼ਿਆਂ ਦੀ ਖਿੱਚ ਰੂਪੀ(ਛਨਕ)ਛਣ ਕਾਟ ਇੱਕ ਛਨਛਿਨ ਚ(ਹਰੀ)ਠੱਗ ਲੈਂਦੀ ਹੈ। ਪਗ:ਪੋਲਾ ਬੋਲੋ	Pag Naevar Shhanak Shhaneharee ||	The bells on her ankles make soft music.	ਇਸ ਦੇ ਪੈਰੀਂ, ਮਾਨੋ, ਝਾਂਜਰਾਂ ਛਣ-ਛਣ ਕਰ ਰਹੀਆਂ ਹਨ।
37198	872	ਜਉ ਲਗੁ ਪ੍ਰਾਨ ਤਉ ਲਗੁ ਸੰਗੇ॥		Jo Lag Praan Thoo Lag Sangae ||	As long as there is the breath of life in the man, she remains attached to him.	(ਉਂਞ) ਜਦ ਤਕ ਮਨੁੱਖ ਦੇ ਅੰਦਰ ਜਿੰਦ ਹੈ ਤਦ ਤਕ ਹੀ ਇਹ ਨਾਲ ਰਹਿੰਦੀ ਹੈ,
37199	872	ਨਾਹਿ ਤ ਚਲੀ ਬੇਗਿ ਉਠਿ ਨੰਗੇ॥੩॥	ਨਹੀਂ ਤ ਤਾਂ। ਚੱਲੀ	Naahi Th Chalee Baeg Outh Nangae ||3||	But when it is no more, she quickly gets up and departs, bare-footed. ||3||	ਨਹੀਂ ਤਾਂ (ਭਾਵ, ਜਿੰਦ ਨਿਕਲਦਿਆਂ ਹੀ) ਇਹ ਭੀ ਨੰਗੀ ਪੈਰੀਂ ਉੱਠ ਭੱਜਦੀ ਹੈ (ਭਾਵ, ਉਸੇ ਵੇਲੇ ਸਾਥ ਛੱਡ ਜਾਂਦੀ ਹੈ) ॥੩॥
37200	872	ਸੋਹਾਗਨਿ ਭਵਨ ਤ੍ਰੈ ਲੀਆ॥		Sohaagan Bhavan Thrai Leeaa ||	This bride has conquered the three worlds.	ਇਸ ਮਾਇਆ ਨੇ ਸਾਰੇ ਜਗਤ ਦੇ ਜੀਵਾਂ ਨੂੰ ਵੱਸ ਕੀਤਾ ਹੋਇਆ ਹੈ,
37201	872	ਦਸ ਅਠ ਪੁਰਾਣ ਤੀਰਥ ਰਸ ਕੀਆ॥	ਦਸ:ਪੋਲਾ ਬੋਲੋ।ਅੱਠ	Dhas Ath Puraan Theerathh Ras Keeaa ||	The eighteen Puraanas and the sacred shrines of pilgrimage love her as well.	ਅਠਾਰਾਂ ਪੁਰਾਨ ਪੜ੍ਹਨ ਵਾਲੇ ਤੇ ਤੀਰਥਾਂ ਉੱਤੇ ਜਾਣ ਵਾਲਿਆਂ ਨੂੰ ਭੀ ਮੋਹ ਲਿਆ ਹੈ,

37202	872	ਬ੍ਰਹਮਾ ਬਿਸਨੁ ਮਹੇਸਰ ਬੇਧੇ॥		Brehamaa Bisan Mehaesar Baedhhae ||	She pierced the hearts of Brahma, Shiva and Vishnu.	ਬ੍ਰਹਮਾ, ਵਿਸ਼ਨੂ ਤੇ ਸ਼ਿਵ (ਵਰਗੇ ਦੇਵਤੇ) ਇਸ ਨੇ ਵਿੰਨ੍ਹ ਰੱਖੇ ਹਨ,
37203	872	ਬਡੇ ਭੂਪਤਿ ਰਾਜੇ ਹੈ ਛੇਧੇ॥੪॥		Baddae Bhoopath Raajae Hai Shhaedhhae ||4||	She destroyed the great emperors and kings of the world. ||4||	ਸਭ ਰਾਜੇ ਰਾਣੇ ਭੀ ਇਸ ਨੇ ਨਕੇਲੇ ਹੋਏ ਹਨ ॥੪॥
37204	872	ਸੋਹਾਗਨਿ ਉਰਵਾਰਿ ਨ ਪਾਰਿ॥		Sohaagan Ouravaar N Paar ||	This bride has no restraint or limits.	ਇਹ ਮਾਇਆ ਵੱਡੇ ਪਸਾਰੇ ਵਾਲੀ ਹੈ, ਇਸ ਦਾ ਅੰਤ ਨਹੀਂ ਪੈ ਸਕਦਾ;
37205	872	ਪਾਂਚ ਨਾਰਦ ਕੈ ਸੰਗਿ ਬਿਧਵਾਰਿ॥	(ਬਿਧਵਾਰਿ)ਮਿਲ ਰਹੀ ਹੈ (੨ ਬਿਧਿ ਵਾਰਿ)	Paanch Naaradh Kai Sang Bidhhavaar ||	She is in collusion with the five thieving passions.	ਪੰਜਾਂ ਹੀ ਗਿਆਨ-ਇੰਦ੍ਰਿਆਂ ਨਾਲ ਰਲੀ-ਮਿਲੀ ਰਹਿੰਦੀ ਹੈ।
37206	872	ਪਾਂਚ ਨਾਰਦ ਕੇ ਮਿਟਵੇ ਫੂਟੇ॥		Paanch Naaradh Kae Mittavae Foottae ||	When the clay pot of these five passions bursts,	ਕਿਉਂਕਿ ਮੇਰੇ ਪੰਜੇ ਹੀ ਇੰਦ੍ਰਿਆਂ ਦੇ ਭਾਂਡੇ ਭੱਜ ਗਏ ਹਨ (ਭਾਵ, ਗਿਆਨ-ਇੰਦ੍ਰਿਆਂ ਉੱਤੇ ਇਸ ਮਾਇਆ ਦਾ ਪ੍ਰਭਾਵ ਨਹੀਂ ਪੈਂਦਾ),
37207	872	ਕਹੁ ਕਬੀਰ ਗੁਰ ਕਿਰਪਾ ਛੂਟੇ॥੫॥੫॥੮॥		Kahu Kabeer Gur Kirapaa Shhoottae ||5||5||8||	Then, says Kabeer, by Guru's Mercy, one is released. ||5||5||8||	(ਇਸ ਕਰਕੇ) ਕਬੀਰ ਆਖਦਾ ਹੈ- ਮੈਂ ਸਤਿਗੁਰੂ ਦੀ ਕਿਰਪਾ ਨਾਲ ਇਸ (ਦੀ ਮਾਰ) ਤੋਂ ਬਚ ਗਿਆ ਹਾਂ ॥੫॥੫॥੮॥
37208	872	ਗੋਂਡ॥		Gonadd ||	Gond:	

37209	872	ਜੈਸੇ ਮੰਦਰ ਮਹਿ ਬਲ ਹਰ ਨਾ ਠਾਹਰੈ॥	(ਬਲ)ਸ਼ਤੀਰ ਖਿੱਚ ਲਈਏ ਤਾਂ ਮੰਦਰ ਨਹੀਂ(ਠਾਹਰੈ)ਠਹਿਰਦਾ	Jaisae Mandhar Mehi Balehar Naa Thaaharai ||	As the house will not stand when the supporting beams are removed from within it,	ਜਿਵੇਂ ਘਰ ਵਿਚ ਸ਼ਤੀਰ ਹੈ (ਸ਼ਤੀਰ ਤੋਂ ਬਿਨਾ ਘਰ ਦਾ ਛੱਤ) ਨਹੀਂ ਠਹਿਰ ਸਕਦਾ,
37210	872	ਨਾਮ ਬਿਨਾ ਕੈਸੇ ਪਾਰਿ ਉਤਰੈ॥	ਉੱਤਰੈ	Naam Binaa Kaisae Paar Outharai ||	Just so, without the Naam, the Name of the Lord, how can anyone be carried across?	ਇਸੇ ਤਰ੍ਹਾਂ ਪ੍ਰਭੂ ਤੇ ਨਾਮ ਤੋਂ ਬਿਨਾ (ਮਨੁੱਖ ਦਾ ਮਨ ਸੰਸਾਰ-ਸਮੁੰਦਰ ਦੇ ਘੁੰਮਣ-ਘੇਰਾਂ ਵਿਚੋਂ) ਪਾਰ ਨਹੀਂ ਲੰਘ ਸਕਦਾ।
37211	872	ਕੁੰਭ ਬਿਨਾ ਜਲੁ ਨਾ ਟੀਕਾਵੈ॥		Kunbh Binaa Jal Naa Tteekaavai ||	Without the pitcher, the water is not contained;	ਜਿਵੇਂ ਘੜੇ ਤੋਂ ਬਿਨਾ ਪਾਣੀ ਨਹੀਂ ਟਿਕ ਸਕਦਾ,
37212	872	ਸਾਧੂ ਬਿਨੁ ਐਸੇ ਅਬਗਤੁ ਜਾਵੈ॥੧॥		Saadhhoo Bin Aisae Abagath Jaavai ||1||	Just so, without the Holy Saint, the mortal departs in misery. ||1||	ਤਿਵੇਂ ਗੁਰੂ ਤੋਂ ਬਿਨਾ (ਮਨੁੱਖ ਦਾ ਮਨ ਨਹੀਂ ਟਿਕਦਾ ਤੇ ਮਨੁੱਖ ਦੁਨੀਆ ਤੋਂ) ਭੈੜੇ ਹਾਲ ਹੀ ਜਾਂਦਾ ਹੈ ॥੧॥
37213	872	ਜਾਰਉ ਤਿਸੈ ਜੁ ਰਾਮੁ ਨ ਚੇਤੈ॥		Jaaro Thisai J Raam N Chaethai ||	One who does not remember the Lord - let him burn;	ਮੈਂ ਉਸ (ਮਨ) ਨੂੰ ਸਾੜ ਦਿਆਂ ਜੋ ਪ੍ਰਭੂ ਨੂੰ ਨਹੀਂ ਸਿਮਰਦਾ,
37214	872	ਤਨ ਮਨ ਰਮਤ ਰਹੈ ਮਹਿ ਖੇਤੈ॥੧॥ਰਹਾਉ॥	ਦੇਹ ਰੂਪੀ(ਖੇਤੈ)ਖੇਤ	Than Man Ramath Rehai Mehi Khaethai ||1|| Rehaao ||	His body and mind have remained absorbed in this field of the world. ||1||Pause||	ਤੇ ਸਦਾ ਸਰੀਰਕ ਭੋਗਾਂ ਵਿਚ ਹੀ ਖਚਿਤ ਰਹਿੰਦਾ ਹੈ ॥੧॥ ਰਹਾਉ ॥
37215	872	ਜੈਸੇ ਹਲਹਰ ਬਿਨਾ ਜਿਮੀ ਨਹੀ ਬੋਈਐ॥		Jaisae Halehar Binaa Jimee Nehee Boeeai ||	Without a farmer, the land is not planted;	ਜਿਵੇਂ ਕਿਸਾਨ ਤੋਂ ਬਿਨਾ ਜ਼ਮੀਨ ਨਹੀਂ ਬੀਜੀ ਜਾ ਸਕਦੀ,

37216	872	ਸੂਤ ਬਿਨਾ ਕੈਸੇ ਮਣੀ ਪਰੋਈਐ॥		Sooth Binaa Kaisae Manee Paroeeai ||	Without a thread, how can the beads be strung?	ਸੂਤਰ ਤੋਂ ਬਿਨਾ ਮਣਕੇ ਪਰੋਏ ਨਹੀਂ ਜਾ ਸਕਦੇ।
37217	872	ਘੁੰਡੀ ਬਿਨੁ ਕਿਆ ਗੰਠਿ ਚੜ੍ਹਾਈਐ॥		Ghunddee Bin Kiaa Ganth Charrhaaeeai ||	Without a loop, how can the knot be tied?	ਘੁੰਡੀ ਤੋਂ ਬਿਨਾ ਗੰਢ ਨਹੀਂ ਪਾਈ ਜਾ ਸਕਦੀ;
37218	872	ਸਾਧੂ ਬਿਨੁ ਤੈਸੇ ਅਬਗਤੁ ਜਾਈਐ॥੨॥		Saadhhoo Bin Thaisae Abagath Jaaeeai ||2||	Just so, without the Holy Saint, the mortal departs in misery. ||2||	ਤਿਵੇਂ ਹੀ ਗੁਰੂ ਦੀ ਸ਼ਰਨ ਤੋਂ ਬਿਨਾ ਮਨੁੱਖ ਭੈੜੇ ਹਾਲ ਹੀ ਜਾਂਦਾ ਹੈ ॥੨॥
37219	872	ਜੈਸੇ ਮਾਤ ਪਿਤਾ ਬਿਨੁ ਬਾਲੁ ਨ ਹੋਈ॥		Jaisae Maath Pithaa Bin Baal N Hoee ||	Without a mother or father there is no child;	ਜਿਵੇਂ ਮਾਂ ਪਿਉ (ਦੇ ਮੇਲ) ਤੋਂ ਬਿਨਾ ਬਾਲ ਨਹੀਂ ਜੰਮਦਾ,
37220	872	ਬਿੰਬ ਬਿਨਾ ਕੈਸੇ ਕਪਰੇ ਧੋਈ॥	ਕੱਪਰੇ	Binb Binaa Kaisae Kaparae Dhhoee ||	Just so, without water, how can the clothes be washed?	ਪਾਣੀ ਤੋਂ ਬਿਨਾ ਕੱਪੜੇ ਨਹੀਂ ਧੁਪਦੇ,
37221	872	ਘੋਰ ਬਿਨਾ ਕੈਸੇ ਅਸਵਾਰ॥		Ghor Binaa Kaisae Asavaar ||	Without a horse, how can there be a rider?	ਘੋੜੇ ਤੋਂ ਬਿਨਾ ਮਨੁੱਖ ਅਸਵਾਰ ਨਹੀਂ ਅਖਵਾ ਸਕਦਾ,
37222	872	ਸਾਧੂ ਬਿਨੁ ਨਾਹੀ ਦਰਵਾਰ॥੩॥		Saadhhoo Bin Naahee Dharavaar ||3||	Without the Holy Saint, one cannot reach the Court of the Lord. ||3||	ਤਿਵੇਂ ਗੁਰੂ ਤੋਂ ਬਿਨਾ ਪ੍ਰਭੂ ਦੇ ਦਰ ਦੀ ਪ੍ਰਾਪਤੀ ਨਹੀਂ ਹੁੰਦੀ ॥੩॥
37223	872	ਜੈਸੇ ਬਾਜੇ ਬਿਨੁ ਨਹੀ ਲੀਜੈ ਫੇਰੀ॥		Jaisae Baajae Bin Nehee Leejai Faeree ||	Just as without music, there is no dancing,	ਸਾਜ਼ਾਂ ਤੋਂ ਬਿਨਾ ਜਿਵੇਂ ਨਾਚ ਨਹੀਂ ਹੋ ਸਕਦਾ,

37224	872	ਖਸਮਿ ਦੁਹਾਗਨਿ ਤਜਿ ਅਉ ਹੇਰੀ॥	(ਅਉ)ਹੋਰਨਾਂ ਨੂੰ। (ਹੇਰੀ)ਦੇਖਦੀ ਹੈ	Khasam Dhuhaagan Thaj Aouhaeree ||	The bride rejected by her husband is dishonored.	(ਤਿਵੇਂ ਖਸਮ ਤੋਂ ਬਿਨਾ ਇਸਤ੍ਰੀ ਸੁਹਾਗਣ ਨਹੀਂ ਹੋ ਸਕਦੀ) ਦੁਹਾਗਣ (ਭੈੜੇ ਸੁਭਾਉ ਵਾਲੀ ਇਸਤ੍ਰੀ) ਨੂੰ ਖਸਮ ਨੇ ਤਿਆਗ ਕੇ ਸਦਾ ਦੁਰਕਾਰ ਹੀ ਦਿੱਤਾ ਹੁੰਦਾ ਹੈ।
37225	872	ਕਹੈ ਕਬੀਰੁ ਏਕੈ ਕਰਿ ਕਰਨਾ॥		Kehai Kabeer Eaekai Kar Karanaa ||	Says Kabeer, do this one thing:	ਕਬੀਰ ਆਖਦਾ ਹੈ-ਇੱਕੋ ਹੀ ਕਰਨ-ਜੋਗ ਕੰਮ ਕਰ,
37226	872	ਗੁਰਮੁਖਿ ਹੋਇ ਬਹੁਰਿ ਨਹੀ ਮਰਨਾ॥੪॥੬॥੯॥		Guramukh Hoe Bahur Nehee Maranaa ||4||6||9||	Become Gurmukh, and you shall never die again. ||4||6||9||	ਗੁਰੂ ਦੇ ਸਨਮੁਖ ਹੋ (ਤੇ ਨਾਮ ਸਿਮਰ) ਫਿਰ ਫਿਰ ਜੰਮਣਾ-ਮਰਨਾ ਨਹੀਂ ਪਏਗਾ ॥੪॥੬॥੯॥
37227	872	ਗੋਂਡ॥		Gonadd ||	Gond:	
37228	872	ਕੂਟਨੁ ਸੋਇ ਜੁ ਮਨ ਕਉ ਕੂਟੈ॥	ਕੁੱਟਨੁ	Koottan Soe J Man Ko Koottai ||	He alone is a pimp, who pounds down his mind.	(ਤੁਸੀ 'ਕੂਟਨ' ਠੱਗ ਨੂੰ ਆਖਦੇ ਹੋ, ਪਰ) ਕੂਟਨ ਉਹ ਭੀ ਹੈ ਜੋ ਆਪਣੇ ਮਨ ਨੂੰ ਮਾਰਦਾ ਹੈ,
37229	872	ਮਨ ਕੂਟੈ ਤਉ ਜਮ ਤੇ ਛੂਟੈ॥		Man Koottai Tho Jam Thae Shhoottai ||	Pounding down his mind, he escapes from the Messenger of Death.	ਤੇ ਜੋ ਮਨੁੱਖ ਆਪਣੇ ਮਨ ਨੂੰ ਮਾਰਦਾ ਹੈ ਉਹ ਜਮਾਂ ਤੋਂ ਬਚ ਜਾਂਦਾ ਹੈ।
37230	872	ਕੁਟਿ ਕੁਟਿ ਮਨੁ ਕਸਵਟੀ ਲਾਵੈ॥	(ਕੁੱਟਿ)ਕਸਵੱਟੀ	Kutt Kutt Man Kasavattee Laavai ||	Pounding and beating his mind, he puts it to the test;	ਜੋ ਮਨੁੱਖ ਮੁੜ ਮੁੜ ਮਨ ਨੂੰ ਮਾਰ ਕੇ (ਫਿਰ ਉਸ ਦੀ) ਜਾਂਚ-ਪੜਤਾਲ ਕਰਦਾ ਰਹਿੰਦਾ ਹੈ;
37231	872	ਸੋ ਕੂਟਨੁ ਮੁਕਤਿ ਬਹੁ ਪਾਵੈ॥੧॥		So Koottan Mukath Bahu Paavai ||1||	Such a pimp attains total liberation. ||1||	ਉਹ (ਆਪਣੇ ਮਨ ਨੂੰ ਕੁੱਟਣ ਵਾਲਾ) 'ਕੂਟਨ' ਮੁਕਤੀ ਹਾਸਲ ਕਰ ਲੈਂਦਾ ਹੈ ॥੧॥

37232	872	ਕੂਟਨੁ ਕਿਸੈ ਕਹਹੁ ਸੰਸਾਰ॥	ਕੁੱਟਨੁ	Koottan Kisai Kehahu Sansaar ||	Who is called a pimp in this world?	ਹੇ ਜਗਤ ਦੇ ਲੋਕੋ! ਤੁਸੀ 'ਕੂਟਨ' ਕਿਸ ਨੂੰ ਆਖਦੇ ਹੋ?
37233	872	ਸਗਲ ਬੋਲਨ ਕੇ ਮਾਹਿ ਬੀਚਾਰ॥੧॥ਰਹਾਉ॥		Sagal Bolan Kae Maahi Beechaar ||1|| Rehaao ||	In all speech, one must carefully consider. ||1||Pause||	ਸਭ ਲਫ਼ਜ਼ਾਂ ਦੇ ਵਖੋ-ਵਖ ਭਾਵ ਹੋ ਸਕਦੇ ਹਨ ॥੧॥ ਰਹਾਉ ॥
37234	872	ਨਾਚਨੁ ਸੋਇ ਜੁ ਮਨ ਸਿਉ ਨਾਚੈ॥		Naachan Soe J Man Sio Naachai ||	He alone is a dancer, who dances with his mind.	(ਤੁਸੀ 'ਨਾਚਨ' ਕੰਜਰ ਨੂੰ ਆਖਦੇ ਹੋ, ਪਰ ਸਾਡੇ ਖ਼ਿਆਲ ਅਨੁਸਾਰ) 'ਨਾਚਨ' ਉਹ ਹੈ ਜੋ (ਸਰੀਰ ਨਾਲ ਨਹੀਂ) ਮਨ ਨਾਲ ਨੱਚਦਾ ਹੈ,
37235	872	ਝੂਠਿ ਨ ਪਤੀਐ ਪਰਚੈ ਸਾਚੈ॥		Jhooth N Patheeai Parachai Saachai ||	The Lord is not satisfied with falsehood; He is pleased only with Truth.	ਝੂਠ ਵਿਚ ਨਹੀਂ ਪਰਚਦਾ, ਸੱਚ ਨਾਲ ਪਤੀਜਦਾ ਹੈ,
37236	872	ਇਸੁ ਮਨ ਆਗੇ ਪੂਰੈ ਤਾਲ॥		Eis Man Aagae Poorai Thaal ||	So play the beat of the drum in the mind.	ਮਨ ਨੂੰ ਆਤਮਕ ਉਮਾਹ ਵਿਚ ਲਿਆਉਣ ਦੇ ਜਤਨ ਕਰਦਾ ਹੈ;
37237	872	ਇਸੁ ਨਾਚਨ ਕੇ ਮਨ ਰਖਵਾਲ॥੨॥		Eis Naachan Kae Man Rakhavaal ||2||	The Lord is the Protector of the dancer with such a mind. ||2||	ਅਜਿਹੇ 'ਨਾਚਨ' ਦੇ ਮਨ ਦਾ ਰਾਖਾ (ਪ੍ਰਭੂ ਆਪ ਬਣਦਾ ਹੈ) ॥੨॥

37238	872	ਬਜਾਰੀ ਸੋ ਜੁ ਬਜਾਰਹਿ ਸੋਧੈ॥		Bajaaree So J Bajaarehi Sodhhai ||	She alone is a street-dancer, who cleanses her body-street,	(ਤੁਸੀ 'ਬਜਾਰੀ' ਮਸ਼ਕਰੇ ਨੂੰ ਆਖਦੇ ਹੋ, ਪਰ) 'ਬਜਾਰੀ' ਉਹ ਹੈ ਜੋ ਆਪਣੇ ਸਰੀਰ-ਰੂਪ ਬਜ਼ਾਰ ਨੂੰ ਪੜਤਾਲਦਾ ਹੈ,
37239	872	ਪਾਂਚ ਪਲੀਤਹ ਕਉ ਪਰਬੋਧੈ॥		Paanch Paleetheh Ko Parabodhhai ||	And educates the five passions.	ਪੰਜਾਂ ਹੀ ਵਿਗੜੇ ਹੋਏ ਗਿਆਨ-ਇੰਦ੍ਰਿਆਂ ਨੂੰ ਜਗਾਉਂਦਾ ਹੈ,
37240	872	ਨਉ ਨਾਇਕ ਕੀ ਭਗਤਿ ਪਛਾਨੈ॥	(ਨਉ)ਨਵੇਂ। (ਨਾਇਕ)ਸੁਆਮੀ, ਪ੍ਰੇਰਕ ਰਾਮ ਜੀ ਦੀ	No Naaeik Kee Bhagath Pashhaanai ||	She who embraces devotional worship for the Lord	ਨੌ ਖੰਡ ਧਰਤੀ ਦੇ ਮਾਲਕ-ਪ੍ਰਭੂ ਦੀ ਬੰਦਗੀ ਕਰਨ ਦੀ ਜਾਚ ਸਿੱਖਦਾ ਹੈ;
37241	872	ਸੋ ਬਾਜਾਰੀ ਹਮ ਗੁਰ ਮਾਨੇ॥੩॥		So Baajaaree Ham Gur Maanae ||3||	- I accept such a street-dancer as my Guru. ||3||	ਅਸੀਂ ਅਜਿਹੇ 'ਬਜਾਰੀ' ਨੂੰ ਵੱਡਾ (ਸ੍ਰੇਸ਼ਟ) ਮਨੁੱਖ ਮੰਨਦੇ ਹਾਂ ॥੩॥
37242	872	ਤਸਕਰੁ ਸੋਇ ਜਿ ਤਾਤਿ ਨ ਕਰੈ॥		Thasakar Soe J Thaath N Karai ||	He alone is a thief, who is above envy,	(ਤੁਸੀ 'ਤਸਕਰ' ਚੋਰ ਨੂੰ ਆਖਦੇ ਹੋ, ਪਰ) 'ਤਸਕਰ' ਉਹ ਹੈ ਜੋ ਤਾਤਿ (ਈਰਖਾ ਨੂੰ ਆਪਣੇ ਮਨ ਵਿਚੋਂ ਚੁਰਾ ਲੈ ਜਾਂਦਾ ਹੈ) ਨਹੀਂ ਕਰਦਾ,
37243	872	ਇੰਦ੍ਰੀ ਕੈ ਜਤਨਿ ਨਾਮੁ ਉਚਰੈ॥		Eindhree Kai Jathan Naam Oucharai ||	And who uses his sense organs to chant the Lord's Name.	ਜੋ ਇੰਦ੍ਰਿਆਂ ਨੂੰ ਵੱਸ ਵਿਚ ਕਰ ਕੇ ਪ੍ਰਭੂ ਦਾ ਨਾਮ ਸਿਮਰਦਾ ਹੈ।
37244	872	ਕਹੁ ਕਬੀਰ ਹਮ ਐਸੇ ਲਖਨ॥	ਲੱਖਨ	Kahu Kabeer Ham Aisae Lakhan ||	Says Kabeer, these are the qualities of the one	ਕਬੀਰ ਆਖਦਾ ਹੈ- ਜਿਸ ਦੀ ਬਰਕਤ ਨਾਲ ਮੈਂ ਇਹ ਲੱਛਣ (ਗੁਣ) ਪ੍ਰਾਪਤ ਕੀਤੇ ਹਨ,

37245	872	ਧੰਨੁ ਗੁਰਦੇਵ ਅਤਿ ਰੂਪ ਬਿਚਖਨ॥੪॥੭॥੧੦॥	ਬਿ-ਚੱਖਨ	Dhhann Guradhaev Ath Roop Bichakhan ||4||7||10||	I know as my Blessed Divine Guru, who is the most beautiful and wise. ||4||7||10||	ਮੇਰਾ ਉਹ ਗੁਰੂ, ਸੁਹਣਾ ਸਿਆਣਾ ਤੇ ਧੰਨਤਾ-ਜੋਗ ਹੈ ॥੪॥੭॥੧੦॥
37246	873	ਗੋਂਡ॥		Gonadd ||	Gond:	
37247	873	ਧੰਨੁ ਗੁਪਾਲ ਧੰਨੁ ਗੁਰਦੇਵ॥		Dhhann Gupaal Dhhann Guradhaev ||	Blessed is the Lord of the World. Blessed is the Divine Guru.	ਸੋ, ਧੰਨ ਹੈ ਧਰਤੀ ਦਾ ਪਾਲਣ ਵਾਲਾ ਪ੍ਰਭੂ (ਜੋ ਅੰਨ ਪੈਦਾ ਕਰਦਾ ਹੈ), ਧੰਨ ਹੈ ਸਤਿਗੁਰੂ (ਜੋ ਐਸੇ ਪ੍ਰਭੂ ਦੀ ਸੂਝ ਬਖ਼ਸ਼ਦਾ ਹੈ),
37248	873	ਧੰਨੁ ਅਨਾਦਿ ਭੂਖੇ ਕਵਲੁ ਟਹਕੇਵ॥	(ਕਵਲੁ)ਰਿਦੇ। ਟਹਕੇਵ ਖਿੜ ਜਾਂਦੇ ਹਨ	Dhhann Anaadh Bhookhae Kaval Ttehakaev ||	Blessed is that grain, by which the heart-lotus of the hungry blossoms forth.	ਤੇ ਧੰਨ ਹੈ ਅੰਨ ਜਿਸ ਨਾਲ ਭੁੱਖੇ ਮਨੁੱਖ ਦਾ ਹਿਰਦਾ (ਫੁੱਲ ਵਾਂਗ) ਟਹਿਕ ਪੈਂਦਾ ਹੈ।
37249	873	ਧਨੁ ਓਇ ਸੰਤ ਜਿਨ ਐਸੀ ਜਾਨੀ॥		Dhhan Oue Santh Jin Aisee Jaanee ||	Blessed are those Saints, who know this.	ਉਹ ਸੰਤ ਭੀ ਭਾਗਾਂ ਵਾਲੇ ਹਨ ਜਿਨ੍ਹਾਂ ਨੂੰ ਇਹ ਸਮਝ ਆਈ ਹੈ (ਕਿ ਅੰਨ ਨਿੰਦਣ-ਜੋਗ ਨਹੀਂ ਹੈ)
37250	873	ਤਿਨ ਕਉ ਮਿਲਿਬੋ ਸਾਰਿੰਗਪਾਨੀ॥੧॥		Thin Ko Milibo Saaringapaanee ||1||	Meeting with them, one meets the Lord, the Sustainer of the World. ||1||	(ਤੇ ਅੰਨ ਖਾ ਕੇ ਪ੍ਰਭੂ ਨੂੰ ਸਿਮਰਦੇ ਹਨ), ਉਹਨਾਂ ਨੂੰ ਪਰਮਾਤਮਾ ਮਿਲਦਾ ਹੈ ॥੧॥
37251	873	ਆਦਿ ਪੁਰਖ ਤੇ ਹੋਇ ਅਨਾਦਿ॥		Aadh Purakh Thae Hoe Anaadh ||	This grain comes from the Primal Lord God.	(ਹੇ ਭਾਈ!) ਅੰਨ (ਜਿਸ ਨੂੰ ਤਿਆਗਣ ਵਿਚ ਤੁਸੀ ਭਗਤੀ ਸਮਝਦੇ ਹੋ) ਪਰਮਾਤਮਾ ਤੋਂ ਹੀ ਪੈਦਾ ਹੁੰਦਾ ਹੈ,

37252	873	ਜਪੀਐ ਨਾਮੁ ਅੰਨ ਕੈ ਸਾਦਿ॥੧॥ਰਹਾਉ॥		Japeeai Naam Ann Kai Saadh ||1|| Rehaao ||	One chants the Naam, the Name of the Lord, only when he tastes this grain. ||1||Pause||	ਤੇ ਪਰਮਾਤਮਾ ਦਾ ਨਾਮ ਭੀ ਅੰਨ ਖਾਧਿਆਂ ਹੀ ਜਪਿਆ ਜਾ ਸਕਦਾ ਹੈ ॥੧॥ ਰਹਾਉ ॥
37253	873	ਜਪੀਐ ਨਾਮੁ ਜਪੀਐ ਅੰਨੁ॥	(ਜਪੀਐ)ਖਾਈਏ। ਪਹਿਲਾ ਜਪੀਐ:ਪੋਲਾ ਬੋਲੋ, ਦੂਜਾ ਜੱਪੀਐ	Japeeai Naam Japeeai Ann ||	Meditate on the Naam, and meditate on this grain.	(ਤਾਂ ਤੇ) ਪ੍ਰਭੂ ਦਾ ਨਾਮ ਸਿਮਰਨਾ ਚਾਹੀਦਾ ਹੈ ਤੇ ਅੰਨ ਨੂੰ ਭੀ ਪਿਆਰ ਕਰਨਾ ਚਾਹੀਦਾ ਹੈ (ਭਾਵ, ਅੰਨ ਤੋਂ ਤਰਕ ਕਰਨ ਦੇ ਥਾਂ ਅੰਨ ਨੂੰ ਇਉਂ ਸਹਿਜੇ ਸਹਿਜੇ ਪ੍ਰੀਤ ਨਾਲ ਛਕੋ ਜਿਵੇਂ ਅਡੋਲ ਹੋ ਕੇ ਪਿਆਰ ਨਾਲ ਨਾਮ ਸਿਮਰਨਾ ਹੈ)।
37254	873	ਅੰਭੈ ਕੈ ਸੰਗਿ ਨੀਕਾ ਵੰਨੁ॥	(ਅੰਭੈ)ਜਲ। (ਨੀਕਾ)ਸੋਹਣਾ। (ਵੰਨੁ)ਰੰਗ	Anbhai Kai Sang Neekaa Vann ||	Mixed with water, its taste becomes sublime.	(ਵੇਖੋ, ਜਿਸ ਪਾਣੀ ਨੂੰ ਰੋਜ਼ ਵਰਤਦੇ ਹੋ, ਉਸੇ) ਪਾਣੀ ਦੀ ਸੰਗਤ ਨਾਲ ਇਸ ਅੰਨ ਦਾ ਕੇਹਾ ਸੁਹਣਾ ਰੰਗ ਨਿਕਲਦਾ ਹੈ! (ਜੇ ਪਾਣੀ ਵਰਤਣ ਵਿਚ ਪਾਪ ਨਹੀਂ ਤਾਂ ਅੰਨ ਤੋਂ ਨਫ਼ਰਤ ਕਿਉਂ?)।
37255	873	ਅੰਨੈ ਬਾਹਰਿ ਜੋ ਨਰ ਹੋਵਹਿ॥		Annai Baahar Jo Nar Hovehi ||	One who abstains from this grain,	ਜੋ ਮਨੁੱਖ ਅੰਨ ਤੋਂ ਤਰਕ ਕਰਦੇ ਹਨ,

37256	873	ਤੀਨਿ ਭਵਨ ਮਹਿ ਅਪਨੀ ਖੋਵਹਿ॥੨॥		Theen Bhavan Mehi Apanee Khovehi ||2||	Loses his honor in the three worlds. ||2||	ਉਹ ਸਭ ਥਾਂ ਆਪਣੀ ਇੱਜ਼ਤ ਗਵਾਉਂਦੇ ਹਨ (ਭਾਵ, ਅੰਨ ਦਾ ਤਿਆਗ ਕੋਈ ਐਸਾ ਕੰਮ ਨਹੀਂ ਜਿਸ ਨੂੰ ਦੁਨੀਆ ਪਸੰਦ ਕਰੇ) ॥੨॥
37257	873	ਛੋਡਹਿ ਅੰਨੁ ਕਰਹਿ ਪਾਖੰਡ॥		Shhoddehi Ann Karehi Paakhandd ||	One who discards this grain, is practicing hypocrisy.	ਜੋ ਲੋਕ ਅੰਨ ਛੱਡ ਦੇਂਦੇ ਹਨ ਤੇ (ਇਹ) ਪਖੰਡ ਕਰਦੇ ਹਨ,
37258	873	ਨਾ ਸੋਹਾਗਨਿ ਨਾ ਓਹਿ ਰੰਡ॥		Naa Sohaagan Naa Ouhi Randd ||	She is neither a happy soul-bride, nor a widow.	ਉਹ (ਉਹਨਾਂ ਕੁਚੱਜੀਆਂ ਜ਼ਨਾਨੀਆਂ ਵਾਂਗ ਹਨ ਜੋ) ਨਾਹ ਸੋਹਾਗਣਾਂ ਹਨ ਨਾਹ ਰੰਡੀਆਂ।
37259	873	ਜਗ ਮਹਿ ਬਕਤੇ ਦੂਧਾਧਾਰੀ॥	ਜੱਗ	Jag Mehi Bakathae Dhoodhhaadhhaar ee ||	Those who claim in this world that they live on milk alone,	(ਅੰਨ ਛੱਡਣ ਵਾਲੇ ਸਾਧੂ,) ਲੋਕਾਂ ਵਿਚ ਆਖਦੇ ਫਿਰਦੇ ਹਨ, ਅਸੀਂ ਨਿਰਾ ਦੁੱਧ ਪੀ ਕੇ ਹੀ ਨਿਰਬਾਹ ਕਰਦੇ ਹਾਂ,
37260	873	ਗੁਪਤੀ ਖਾਵਹਿ ਵਟਿਕਾ ਸਾਰੀ॥੩॥	(ਵਟਿਕਾ)ਖੋਏ ਦੀ ਪਿੰਨੀ (੨ ਵਟਿ ਕਾਸਾਰੀ)	Gupathee Khaavehi Vattikaa Saaree ||3||	Secretly eat whole loads of food. ||3||	ਪਰ ਚੋਰੀ ਚੋਰੀ ਸਾਰੀ ਦੀ ਸਾਰੀ ਪਿੰਨੀ ਖਾਂਦੇ ਹਨ ॥੩॥
37261	873	ਅੰਨੈ ਬਿਨਾ ਨ ਹੋਇ ਸੁਕਾਲੁ॥	(ਸੁਕਾਲੁ)ਸ੍ਰੇਸ਼ਟ ਸਮਾਂ	Annai Binaa N Hoe Sukaal ||	Without this grain, time does not pass in peace.	ਅੰਨ ਤੋਂ ਬਗ਼ੈਰ ਸੁਕਾਲ ਨਹੀਂ ਹੋ ਸਕਦਾ,
37262	873	ਤਜਿਐ ਅੰਨਿ ਨ ਮਿਲੈ ਗੁਪਾਲੁ॥		Thajiai Ann N Milai Gupaal ||	Forsaking this grain, one does not meet the Lord of the World.	ਅੰਨ ਛੱਡਿਆਂ ਰੱਬ ਨਹੀਂ ਮਿਲਦਾ।

37263	873	ਕਹੁ ਕਬੀਰ ਹਮ ਐਸੇ ਜਾਨਿਆ॥		Kahu Kabeer Ham Aisae Jaaniaa ||	Says Kabeer, this I know:	ਕਬੀਰ ਆਖਦਾ ਹੈ- ਸਾਨੂੰ ਇਹ ਨਿਸ਼ਚਾ ਹੈ,
37264	873	ਧੰਨੁ ਅਨਾਦਿ ਠਾਕੁਰ ਮਨੁ ਮਾਨਿਆ॥੪॥੮॥੧੧॥		Dhhann Anaadh Thaakur Man Maaniaa ||4||8||11||	Blessed is that grain, which brings faith in the Lord and Master to the mind. ||4||8||11||	ਕਿ ਅੰਨ ਬੜਾ ਸੁੰਦਰ ਪਦਾਰਥ ਹੈ ਜਿਸ ਨੂੰ ਖਾਧਿਆਂ (ਸਿਮਰਨ ਕਰ ਕੇ) ਸਾਡਾ ਮਨ ਪਰਮਾਤਮਾ ਨਾਲ ਜੁੜਦਾ ਹੈ ॥੪॥੮॥੧੧॥
37265	873	ਰਾਗੁ ਗੋਂਡ ਬਾਣੀ ਨਾਮਦੇਉ ਜੀ ਕੀ ਘਰੁ ੧		Raag Gonadd Baanee Naamadhaeo Jee Kee Ghar 1	Raag Gond, The Word Of Naam Dayv Jee, First House:	ਰਾਗ ਗੋਂਡ, ਘਰ ੧ ਵਿੱਚ ਭਗਤ ਨਾਮਦੇਵ ਜੀ ਦੀ ਬਾਣੀ।
37266	873	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
37267	873	ਅਸੁਮੇਧ ਜਗਨੇ॥	ਘੋੜੇ ਦਾ ਮ੍ਹੇਦਾ, ਯੱਗ ਚ ਪਾਇਆ ਜਾਵੇ, ਸੋ(ਅਸਮੇਧ)ਯੱਗ, ਮਹਾਂ ਪਾਪ ਦਾ ਬਾਪ ਹੈ। ਜੱਗਨੇ	Asumaedhh Jaganae ||	The ritual sacrifice of horses,	ਜੇ ਕੋਈ ਮਨੁੱਖ ਅਸਮੇਧ ਜੱਗ ਕਰੇ,
37268	873	ਤੁਲਾ ਪੁਰਖ ਦਾਨੇ॥	ਆਪਣੇ ਬਰਾਬਰ ਵਸਤੂ ਤੋਲ ਕੇ, ਦਾਨ ਦੇਣਾ (ਤੁਲਾ)ਪੁਰਖ ਦਾਨੇਦਾਨ ਹੈ।ਤੁਲਾ:ਪੋਲਾ ਬੋਲੋ	Thulaa Purakh Dhaanae ||	Giving one's weight in gold to charities	ਆਪਣੇ ਨਾਲ ਸਾਵਾਂ ਤੋਲ ਕੇ (ਸੋਨਾ ਚਾਂਦੀ ਆਦਿਕ) ਦਾਨ ਕਰੇ,

37269	873	ਪ੍ਰਾਗ ਇਸਨਾਨੇ॥੧॥		Praag Eisanaanae ||1||	And ceremonial cleansing baths -||1||	ਅਤੇ ਪ੍ਰਾਗ ਆਦਿਕ ਤੀਰਥਾਂ ਤੇ ਇਸ਼ਨਾਨ ਕਰੇ ॥੧॥
37270	873	ਤਉ ਨ ਪੁਜਹਿ ਹਰਿ ਕੀਰਤਿ ਨਾਮਾ॥	ਪੁੱਜਹਿ	Tho N Pujehi Har Keerath Naamaa ||	These are not equal to singing the Praises of the Lord's Name.	ਤਾਂ ਭੀ ਇਹ ਸਾਰੇ ਕੰਮ ਪ੍ਰਭੂ ਦੇ ਨਾਮ ਦੀ, ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ, ਬਰਾਬਰੀ ਨਹੀਂ ਕਰ ਸਕਦੇ।
37271	873	ਅਪੁਨੇ ਰਾਮਹਿ ਭਜੁ ਰੇ ਮਨ ਆਲਸੀਆ॥੧॥ਰਹਾਉ॥		Apunae Raamehi Bhaj Rae Man Aalaseeaa ||1|| Rehaao ||	Meditate on your Lord, you lazy man! ||1||Pause||	ਸੋ, ਹੇ ਮੇਰੇ ਆਲਸੀ ਮਨ! ਆਪਣੇ ਪਿਆਰੇ ਪ੍ਰਭੂ ਨੂੰ ਸਿਮਰ ॥੧॥ ਰਹਾਉ ॥
37272	873	ਗਇਆ ਪਿੰਡੁ ਭਰਤਾ॥		Gaeiaa Pindd Bharathaa ||	Offering sweet rice at Gaya,	ਜੇ ਮਨੁੱਖ ਗਇਆ ਤੀਰਥ ਤੇ ਜਾ ਕੇ ਪਿਤਰਾਂ ਨਿਮਿੱਤ ਪਿੰਡ ਭਰਾਏ,
37273	873	ਬਨਾਰਸਿ ਅਸਿ ਬਸਤਾ॥	ਬਨਾਰਸਿ ਕਾਂਸੀ। (ਅਸਿ)ਹੈ	Banaaras As Basathaa ||	Living on the river banks at Benares,	ਜੇ ਕਾਂਸ਼ੀ ਦੇ ਨਾਲ ਵਗਦੀ ਅਸਿ ਨਦੀ ਦੇ ਕੰਢੇ ਰਹਿੰਦਾ ਹੋਵੇ,
37274	873	ਮੁਖਿ ਬੇਦ ਚਤੁਰ ਪੜਤਾ॥੨॥	ਪੜ੍ਹਤਾ	Mukh Baedh Chathur Parrathaa ||2||	Reciting the four Vedas by heart;||2||	ਜੇ ਮੂੰਹੋਂ ਚਾਰੇ ਵੇਦ (ਜ਼ਬਾਨੀ) ਪੜ੍ਹਦਾ ਹੋਵੇ ॥੨॥
37275	873	ਸਗਲ ਧਰਮ ਅਛਿਤਾ॥	(ਅਛਿਤਾ)ਸਹਿਤ। ਅੱਛਿਤਾ	Sagal Dhharam Ashhithaa ||	Completing all religious rituals,	ਜੇ ਮਨੁੱਖ ਸਾਰੇ ਕਰਮ ਧਰਮ ਕਰਦਾ ਹੋਵੇ,
37276	873	ਗੁਰ ਗਿਆਨ ਇੰਦ੍ਰੀ ਦ੍ਰਿੜਤਾ॥		Gur Giaan Eindhree Dhrirrathaa ||	Restraining sexual passion by the spiritual wisdom given by the Guru,	ਆਪਣੇ ਗੁਰੂ ਦੀ ਸਿੱਖਿਆ ਲੈ ਕੇ ਇੰਦ੍ਰੀਆਂ ਨੂੰ ਕਾਬੂ ਵਿਚ ਰੱਖਦਾ ਹੋਵੇ,

37277	873	ਖਟੁ ਕਰਮ ਸਹਿਤ ਰਹਤਾ॥੩॥		Khatt Karam Sehith Rehathaa ||3||	And performing the six rituals;||3||	ਜੇ ਬ੍ਰਾਹਮਣਾਂ ਵਾਲੇ ਛੇ ਹੀ ਕਰਮ ਸਦਾ ਕਰਦਾ ਰਹੇ ॥੩॥
37278	873	ਸਿਵਾ ਸਕਤਿ ਸੰਬਾਦੰ॥		Sivaa Sakath Sanbaadhan ||	Expounding on Shiva and Shakti	ਰਾਮਾਇਣ (ਆਦਿਕ) ਦਾ ਪਾਠ-
37279	873	ਮਨ ਛੋਡਿ ਛੋਡਿ ਸਗਲ ਭੇਦੰ॥		Man Shhodd Shhodd Sagal Bhaedhan ||	O man, renounce and abandon all these things.	ਹੇ ਮੇਰੇ ਮਨ! ਇਹ ਸਾਰੇ ਕਰਮ ਛੱਡ ਦੇਹ, ਛੱਡ ਦੇਹ, ਇਹ ਸਭ ਪ੍ਰਭੂ ਨਾਲੋਂ ਵਿੱਥ ਪਾਣ ਵਾਲੇ ਹੀ ਹਨ।
37280	873	ਸਿਮਰਿ ਸਿਮਰਿ ਗੋਬਿੰਦੰ॥		Simar Simar Gobindhan ||	Meditate, meditate in remembrance on the Lord of the Universe.	ਹੇ ਨਾਮਦੇਵ! ਗੋਬਿੰਦ ਦਾ ਭਜਨ ਕਰ, (ਪ੍ਰਭੂ ਦਾ) ਨਾਮ ਸਿਮਰ,
37281	873	ਭਜੁ ਨਾਮਾ ਤਰਸਿ ਭਵ ਸਿੰਧੰ॥੪॥੧॥		Bhaj Naamaa Tharas Bhav Sindhhan ||4||1||	Meditate, O Naam Dayv, and cross over the terrifying world-ocean. ||4||1||	(ਨਾਮ ਸਿਮਰਿਆਂ ਹੀ) ਸੰਸਾਰ-ਸਮੁੰਦਰ ਤੋਂ ਪਾਰ ਲੰਘੇਂਗਾ ॥੪॥੧॥
37282	873	ਗੋਂਡ॥		Gonadd ||	Gond:	
37283	873	ਨਾਦ ਭ੍ਰਮੇ ਜੈਸੇ ਮਿਰਗਾਏ॥	(ਨਾਦ)ਘਮਟੇ ਹੇੜੇ ਦੇ ਸ਼ਬਦ ਤੇ	Naadh Bhramae Jaisae Miragaaeae ||	The deer is lured by the sound of the hunter's bell;	ਜਿਵੇਂ ਹਰਨ (ਆਪਣਾ ਆਪ ਭੁਲਾ ਕੇ) ਨਾਦ ਦੇ ਪਿੱਛੇ ਦੌੜਦਾ ਹੈ,
37284	873	ਪ੍ਰਾਨ ਤਜੇ ਵਾ ਕੋ ਧਿਆਨੁ ਨ ਜਾਏ॥੧॥		Praan Thajae Vaa Ko Dhhiaan N Jaaeae ||1||	It loses its life, but it cannot stop thinking about it. ||1||	ਜਿੰਦ ਦੇ ਦੇਂਦਾ ਹੈ ਪਰ ਉਸ ਨੂੰ ਉਸ ਨਾਦ ਦਾ ਧਿਆਨ ਨਹੀਂ ਵਿੱਸਰਦਾ ॥੧॥
37285	873	ਐਸੇ ਰਾਮਾ ਐਸੇ ਹੇਰਉ॥		Aisae Raamaa Aisae Haero ||	In the same way, I look upon my Lord.	ਮੈਂ ਭੀ ਪ੍ਰਭੂ ਨੂੰ ਇਉਂ ਹੀ ਤੱਕਦਾ ਹਾਂ।

37286	873	ਰਾਮੁ ਛੋਡਿ ਚਿਤੁ ਅਨਤ ਨ ਫੇਰਉ॥੧॥ਰਹਾਉ॥		Raam Shhodd Chith Anath N Faero ||1|| Rehaao ||	I will not abandon my Lord, and turn my thoughts to another. ||1||Pause||	ਮੈਂ ਆਪਣੇ ਪਿਆਰੇ ਪ੍ਰਭੂ ਦੀ ਯਾਦ ਛੱਡ ਕੇ ਕਿਸੇ ਹੋਰ ਪਾਸੇ ਵਲ ਆਪਣੇ ਚਿੱਤ ਨੂੰ ਨਹੀਂ ਜਾਣ ਦੇਂਦਾ ॥੧॥ ਰਹਾਉ ॥
37287	873	ਜਿਉ ਮੀਨਾ ਹੇਰੈ ਪਸੂਆਰਾ॥	ਜਲ ਚੋਂ ਮੱਛੀਆਂ ਫੜਨ ਵਾਲਾ ਪੰਛੀ(ਪਸੂਆਰਾ)ਦਧੀਰਾ	Jio Meenaa Haerai Pasooaaraa ||	As the fisherman looks upon the fish,	ਜਿਵੇਂ ਮਾਹੀਗੀਰ ਮੱਛੀਆਂ ਵਲ ਤੱਕਦਾ ਹੈ,
37288	873	ਸੋਨਾ ਗਢਤੇ ਹਿਰੈ ਸੁਨਾਰਾ॥੨॥		Sonaa Gadtathae Hirai Sunaaraa ||2||	And the goldsmith looks upon the gold he fashions;||2||	ਜਿਵੇਂ ਸੋਨਾ ਘੜਦਿਆਂ ਸੁਨਿਆਰਾ (ਸੋਨੇ ਵਲ ਗਹੁ ਨਾਲ) ਤੱਕਦਾ ਹੈ ॥੨॥
37289	873	ਜਿਉ ਬਿਖਈ ਹੇਰੈ ਪਰ ਨਾਰੀ॥		Jio Bikhee Haerai Par Naaree ||	As the man driven by sex looks upon another man's wife,	ਜਿਵੇਂ ਵਿਸ਼ਈ ਮਨੁੱਖ ਪਰਾਈ ਨਾਰ ਵਲ ਤੱਕਦਾ ਹੈ,
37290	873	ਕਉਡਾ ਡਾਰਤ ਹਿਰੈ ਜੁਆਰੀ॥੩॥		Kouddaa Ddaarath Hirai Juaaree ||3||	And the gambler looks upon the throwing of the dice -||3||	ਜਿਵੇਂ (ਜੂਆ ਖੇਡਣ ਲੱਗਾ) ਜੁਆਰੀਆ ਕਉਡਾਂ ਸੁੱਟ ਕੇ ਗਹੁ ਨਾਲ ਤੱਕਦਾ ਹੈ (ਕਿ ਕੀਹ ਦਾਉ ਪਿਆ ਹੈ) ॥੩॥
37291	873	ਜਹ ਜਹ ਦੇਖਉ ਤਹ ਤਹ ਰਾਮਾ॥		Jeh Jeh Dhaekho Theh Theh Raamaa ||	In the same way, wherever Naam Dayv looks, he sees the Lord.	ਮੈਂ ਭੀ ਜਿੱਧਰ ਤੱਕਦਾ ਹਾਂ ਪ੍ਰਭੂ ਨੂੰ ਹੀ ਵੇਖਦਾ ਹਾਂ (ਮੇਰੀ ਸੁਰਤ ਸਦਾ ਪ੍ਰਭੂ ਵਿਚ ਹੀ ਰਹਿੰਦੀ ਹੈ)।
37292	873	ਹਰਿ ਕੇ ਚਰਨ ਨਿਤ ਧਿਆਵੈ ਨਾਮਾ॥੪॥੨॥		Har Kae Charan Nith Dhhiaavai Naamaa ||4||2||	Naam Dayv meditates continuously on the Feet of the Lord. ||4||2||	ਮੈਂ ਨਾਮਦੇਵ (ਇਹਨਾਂ ਵਾਂਗ) ਸਦਾ ਆਪਣੇ ਪ੍ਰਭੂ ਨੂੰ ਸਿਮਰਦਾ ਹਾਂ ॥੪॥੨॥

37293	873	ਗੋਂਡ॥		Gonadd ||	Gond:	
37294	873	ਮੋਕਉ ਤਾਰਿ ਲੇ ਰਾਮਾ ਤਾਰਿ ਲੇ॥		Mo Ko Thaar Lae Raamaa Thaar Lae ||	Carry me across, O Lord, carry me across.	ਹੇ ਮੇਰੇ ਰਾਮ! ਮੈਨੂੰ (ਸੰਸਾਰ-ਸਮੁੰਦਰ ਤੋਂ) ਤਾਰ ਲੈ, ਬਚਾ ਲੈ।
37295	873	ਮੈ ਅਜਾਨੁ ਜਨੁ ਤਰਿਬੇ ਨ ਜਾਨਉ ਬਾਪ ਬੀਠੁਲਾ ਬਾਹ ਦੇ॥੧॥ਰਹਾਉ॥		Mai Ajaan Jan Tharibae N Jaano Baap Beethulaa Baah Dhae ||1|| Rehaao ||	I am ignorant, and I do not know how to swim. O my Beloved Father, please give me Your arm. ||1||Pause||	ਹੇ ਮੇਰੇ ਪਿਤਾ ਪ੍ਰਭੂ! ਮੈਨੂੰ ਆਪਣੀ ਬਾਂਹ ਫੜਾ, ਮੈਂ ਤੇਰਾ ਅੰਞਾਣ ਸੇਵਕ ਹਾਂ, ਮੈਂ ਤਰਨਾ ਨਹੀਂ ਜਾਣਦਾ ॥੧॥ ਰਹਾਉ ॥
37296	873	ਨਰ ਤੇ ਸੁਰ ਹੋਇ ਜਾਤ ਨਿਮਖ ਮੈ ਸਤਿਗੁਰ ਬੁਧਿ ਸਿਖਲਾਈ॥		Nar Thae Sur Hoe Jaath Nimakh Mai Sathigur Budhh Sikhalaaee ||	I have been transformed from a mortal being into an angel, in an instant; the True Guru has taught me this.	(ਹੇ ਬੀਠੁਲ ਪਿਤਾ! ਮੈਨੂੰ ਭੀ ਗੁਰੂ ਮਿਲਾ) ਗੁਰੂ ਤੋਂ ਮਿਲੀ ਮੱਤ ਦੀ ਬਰਕਤ ਨਾਲ ਅੱਖ ਦੇ ਫੋਰ ਵਿਚ ਮਨੁੱਖਾਂ ਤੋਂ ਦੇਵਤੇ ਬਣ ਜਾਈਦਾ ਹੈ,
37297	873	ਨਰ ਤੇ ਉਪਜਿ ਸੁਰਗ ਕਉ ਜੀਤਿਓ ਸੋ ਅਵਖਧ ਮੈ ਪਾਈ॥੧॥		Nar Thae Oupaj Surag Ko Jeethiou So Avakhadhh Mai Paaee ||1||	Born of human flesh, I have conquered the heavens; such is the medicine I was given. ||1||	ਹੇ ਪਿਤਾ! (ਮਿਹਰ ਕਰ) ਮੈਂ ਭੀ ਉਹ ਦਵਾਈ ਹਾਸਲ ਕਰ ਲਵਾਂ ਜਿਸ ਨਾਲ ਮਨੁੱਖਾਂ ਤੋਂ ਜੰਮ ਕੇ (ਭਾਵ, ਮਨੁੱਖ-ਜਾਤੀ ਵਿਚੋਂ ਹੋ ਕੇ) ਸੁਰਗ ਨੂੰ ਜਿੱਤਿਆ ਜਾ ਸਕਦਾ ਹੈ (ਭਾਵ, ਸੁਰਗ ਦੀ ਭੀ ਪਰਵਾਹ ਨਹੀਂ ਰਹਿੰਦੀ) ॥੧॥

37298	873	ਜਹਾ ਜਹਾ ਧ੍ਰੁਅ ਨਾਰਦੁ ਟੇਕੇ ਨੈਕੁ ਟਿਕਾਵਹੁ ਮੋਹਿ॥		Jehaa Jehaa Dhhooa Naaradh Ttaekae Naik Ttikaavahu Mohi ||	Please place me where You placed Dhroo and Naarad, O my Master.	ਹੇ ਮੇਰੇ ਰਾਮ! ਤੂੰ ਜਿਸ ਜਿਸ ਆਤਮਕ ਟਿਕਾਣੇ ਧ੍ਰੂ ਤੇ ਨਾਰਦ (ਵਰਗੇ ਭਗਤਾਂ) ਨੂੰ ਅਪੜਾਇਆ ਹੈ, ਮੈਨੂੰ ਸਦਾ ਲਈ ਅਪੜਾ ਦੇਹ,
37299	873	ਤੇਰੇ ਨਾਮ ਅਵਿਲੰਬਿ ਬਹੁਤੁ ਜਨ ਉਧਰੇ ਨਾਮੇ ਕੀ ਨਿਜ ਮਤਿ ਏਹ॥੨॥੩॥		Thaerae Naam Avilanb Bahuth Jan Oudhharae Naamae Kee Nij Math Eaeh ||2||3||	With the Support of Your Name, so many have been saved; this is Naam Dayv's understanding. ||2||3||	ਮੇਰਾ ਨਾਮਦੇਵ ਦਾ ਇਹ ਪੱਕਾ ਨਿਸ਼ਚਾ ਹੈ ਕਿ ਤੇਰੇ ਨਾਮ ਦੇ ਆਸਰੇ ਬੇਅੰਤ ਜੀਵ (ਸੰਸਾਰ-ਸਮੁੰਦਰ ਦੇ ਵਿਕਾਰਾਂ ਤੋਂ) ਬਚ ਨਿਕਲਦੇ ਹਨ। ਭਾਵ: ਪ੍ਰਭੂ ਤੋਂ ਨਾਮ ਸਿਮਰਨ ਦੀ ਮੰਗ। ਨਾਮ ਦੀ ਬਰਕਤ ਨਾਲ ਸੁਰਗ ਦੀ ਭੀ ਲਾਲਸਾ ਨਹੀਂ ਰਹਿੰਦੀ ॥੨॥੩॥
37300	874	ਗੋਂਡ॥		Gonadd ||	Gond:	
37301	874	ਮੋਹਿ ਲਾਗਤੀ ਤਾਲਾ ਬੇਲੀ॥	(ਤਾਲਾ)ਇੱਛਾ। ਤਾਲਾ:ਪੋਲਾ ਬੋਲੋ। (ਬੇੱਲੀ)ਮਿੱਤ੍ਰ ਵਾਹਿਗੁਰੂ ਜੀ (੨ ਤਾਲਾਬੇਲੀ)	Mohi Laagathee Thaalaabaelee ||	I am restless and unhappy.	ਮੈਨੂੰ (ਪ੍ਰਭੂ ਤੋਂ ਵਿਛੁੜ ਕੇ) ਤੜਫਣੀ ਲੱਗਦੀ ਹੈ,
37302	874	ਬਛਰੇ ਬਿਨੁ ਗਾਇ ਅਕੇਲੀ॥੧॥		Bashharae Bin Gaae Akaelee ||1||	Without her calf, the cow is lonely. ||1||	ਜਿਵੇਂ ਵੱਛੇ ਤੋਂ ਵਿੱਛੜ ਕੇ ਇਕੱਲੀ ਗਾਂ (ਘਾਬਰਦੀ ਹੈ) ॥੧॥
37303	874	ਪਾਨੀਆ ਬਿਨੁ ਮੀਨੁ ਤਲਫੈ॥		Paaneeaa Bin Meen Thalafai ||	Without water, the fish writhes in pain.	ਜਿਵੇਂ ਪਾਣੀ ਤੋਂ ਬਿਨਾ ਮੱਛੀ ਫੜਫਦੀ ਹੈ,

37304	874	ਐਸੇ ਰਾਮ ਨਾਮਾ ਬਿਨੁ ਬਾਪੁਰੋ ਨਾਮਾ॥੧॥ਰਹਾਉ॥		Aisae Raam Naamaa Bin Baapuro Naamaa ||1|| Rehaao ||	So is poor Naam Dayv without the Lord's Name. ||1||Pause||	ਤਿਵੇਂ ਮੈਂ ਨਾਮਦੇਵ ਪ੍ਰਭੂ ਦੇ ਨਾਮ ਤੋਂ ਬਿਨਾ ਘਾਬਰਦਾ ਹਾਂ ॥੧॥ ਰਹਾਉ ॥
37305	874	ਜੈਸੇ ਗਾਇ ਕਾ ਬਾਛਾ ਛੂਟਲਾ॥		Jaisae Gaae Kaa Baashhaa Shhoottalaa ||	Like the cow's calf, which, when let loose,	ਜਿਵੇਂ (ਜਦੋਂ) ਗਾਂ ਦਾ ਵੱਛਾ ਕਿੱਲੇ ਨਾਲੋਂ ਖੁਲ੍ਹਦਾ ਹੈ,
37306	874	ਥਨ ਚੋਖਤਾ ਮਾਖਨੁ ਘੂਟਲਾ॥੨॥		Thhan Chokhathaa Maakhan Ghoottalaa ||2||	Sucks at her udders and drinks her milk - ||2||	ਤਾਂ (ਗਾਂ ਦੇ) ਥਣ ਚੁੰਘਦਾ ਹੈ, ਤੇ ਮੱਖਣ ਦੇ ਘੁੱਟ ਭਰਦਾ ਹੈ ॥੨॥
37307	874	ਨਾਮਦੇਉ ਨਾਰਾਇਨੁ ਪਾਇਆ॥		Naamadhaeo Naaraaein Paaeiaa ||	So has Naam Dayv found the Lord.	ਤਿਵੇਂ ਮੈਨੂੰ ਨਾਮਦੇਵ ਨੂੰ ਮੈਨੂੰ ਰੱਬ ਮਿਲ ਪਿਆ,
37308	874	ਗੁਰੁ ਭੇਟਤ ਅਲਖੁ ਲਖਾਇਆ॥੩॥	ਅ-ਲਖੁ:ਪੋਲਾ ਬੋਲੋ	Gur Bhaettath Alakh Lakhaaeiaa ||3||	Meeting the Guru, I have seen the Unseen Lord. ||3||	ਮੈਨੂੰ ਅਲੱਖ ਪ੍ਰਭੂ ਦੀ ਸੂਝ ਪੈ ਗਈ, ਜਦੋਂ ਸਤਿਗੁਰੂ ਮਿਲਿਆ ॥੩॥
37309	874	ਜੈਸੇ ਬਿਖੈ ਹੇਤ ਪਰ ਨਾਰੀ॥		Jaisae Bikhai Haeth Par Naaree ||	As the man driven by sex wants another man's wife,	ਜਿਵੇਂ (ਵਿਸ਼ਈ ਨੂੰ) ਵਿਸ਼ੇ ਵਾਸਤੇ ਪਰਾਈ ਨਾਰ ਨਾਲ ਪਿਆਰ ਹੁੰਦਾ ਹੈ,
37310	874	ਐਸੇ ਨਾਮੇ ਪ੍ਰੀਤਿ ਮੁਰਾਰੀ॥੪॥		Aisae Naamae Preeth Muraaree ||4||	So does Naam Dayv love the Lord. ||4||	ਮੈਨੂੰ ਨਾਮੇ ਨੂੰ ਪ੍ਰਭੂ ਨਾਲ ਪਿਆਰ ਹੈ ॥੪॥
37311	874	ਜੈਸੇ ਤਾਪ ਤੇ ਨਿਰਮਲ ਘਾਮਾ॥		Jaisae Thaapathae Niramal Ghaamaa ||	As the earth burns in the dazzling sunlight,	ਜਿਵੇਂ ਚਮਕਦੀ ਧੁੱਪ ਵਿਚ (ਜੀਵ-ਜੰਤ) ਤਪਦੇ-ਲੁੱਛਦੇ ਹਨ,

37312	874	ਤੈਸੇ ਰਾਮ ਨਾਮਾ ਬਿਨੁ ਬਾਪੁਰੋ ਨਾਮਾ॥੫॥੪॥		Thaisae Raam Naamaa Bin Baapuro Naamaa ||5||4||	So does poor Naam Dayv burn without the Lord's Name. ||5||4||	ਪ੍ਰਭੂ ਦੇ ਨਾਮ ਤੋਂ ਵਿੱਛੜ ਕੇ ਮੈਂ ਨਾਮਦੇਵ ਇਉਂ ਘਾਬਰਦਾ ਹਾਂ। ਭਾਵ: ਪ੍ਰੀਤ ਦਾ ਸਰੂਪ-ਵਿਛੋੜਾ ਅਸਹਿ ਹੁੰਦਾ ਹੈ ॥੫॥੪॥
37313	874	ਰਾਗੁ ਗੋਂਡ ਬਾਣੀ ਨਾਮਦੇਉ ਜੀਉ ਕੀ ਘਰੁ ੨		Raag Gonadd Baanee Naamadhaeo Jeeo Kee Ghar 2	Raag Gond, The Word Of Naam Dayv Jee, Second House:	ਰਾਗ ਗੋਂਡ, ਘਰ ੨ ਵਿੱਚ ਭਗਤ ਨਾਮਦੇਵ ਜੀ ਦੀ ਬਾਣੀ।
37314	874	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
37315	874	ਹਰਿ ਹਰਿ ਕਰਤ ਮਿਟੇ ਸਭਿ ਭਰਮਾ॥		Har Har Karath Mittae Sabh Bharamaa ||	Chanting the Name of the Lord, Har, Har, all doubts are dispelled.	ਹਰਿ-ਨਾਮ ਸਿਮਰਿਆਂ ਸਭ ਭਟਕਣਾਂ ਦੂਰ ਹੋ ਜਾਂਦੀਆਂ ਹਨ;
37316	874	ਹਰਿ ਕੋ ਨਾਮੁ ਲੈ ਊਤਮ ਧਰਮਾ॥		Har Ko Naam Lai Ootham Dhharamaa ||	Chanting the Name of the Lord is the highest religion.	ਹੇ ਭਾਈ! ਨਾਮ ਸਿਮਰ, ਇਹੀ ਹੈ ਸਭ ਤੋਂ ਚੰਗਾ ਧਰਮ।
37317	874	ਹਰਿ ਹਰਿ ਕਰਤ ਜਾਤਿ ਕੁਲ ਹਰੀ॥		Har Har Karath Jaath Kul Haree ||	Chanting the Name of the Lord, Har, Har, erases social classes and ancestral pedigrees.	ਨਾਮ ਸਿਮਰਿਆਂ (ਨੀਵੀਂ ਉੱਚੀ) ਜਾਤ ਕੁਲ ਦਾ ਵਿਤਕਰਾ ਦੂਰ ਹੋ ਜਾਂਦਾ ਹੈ।
37318	874	ਸੋ ਹਰਿ ਅੰਧੁਲੇ ਕੀ ਲਾਕਰੀ॥੧॥	(ਲਾਕਰੀ)ਸੋਟੀ	So Har Andhhulae Kee Laakaree ||1||	The Lord is the walking stick of the blind. ||1||	ਉਹ ਹਰਿ-ਨਾਮ ਹੀ ਮੈਂ ਅੰਨ੍ਹੇ ਦਾ ਆਸਰਾ ਹੈ ॥੧॥

37319	874	ਹਰ ਏ ਨਮਸਤੇ ਹਰ ਏ ਨਮਹ॥	ਹਰਿ ਜੀ (ਏ)ਨੂੰ। ਨ-ਮਸਤੇ	Hareae Namasathae Hareae Nameh ||	I bow to the Lord, I humbly bow to the Lord.	ਮੇਰੀ ਉਸ ਪਰਮਾਤਮਾ ਨੂੰ ਨਮਸਕਾਰ ਹੈ,
37320	874	ਹਰਿ ਹਰਿ ਕਰਤ ਨਹੀ ਦੁਖੁ ਜਮਹ॥੧॥ਰਹਾਉ॥		Har Har Karath Nehee Dhukh Jameh ||1|| Rehaao ||	Chanting the Name of the Lord, Har, Har, you will not be tormented by the Messenger of Death. ||1||Pause||	ਜਿਸ ਦਾ ਸਿਮਰਨ ਕੀਤਿਆਂ ਜਮਾਂ ਦਾ ਦੁੱਖ ਨਹੀਂ ਰਹਿੰਦਾ ॥੧॥ ਰਹਾਉ ॥
37321	874	ਹਰਿ ਹਰਨਾਖਸ ਹਰੇ ਪਰਾਨ॥		Har Haranaakhas Harae Paraan ||	The Lord took the life of Harnaakhash,	ਪ੍ਰਭੂ ਨੇ ਹਰਨਾਖਸ਼ (ਦੈਂਤ) ਨੂੰ ਮਾਰਿਆ,
37322	874	ਅਜੈਮਲ ਕੀਓ ਬੈਕੁੰਠਹਿ ਥਾਨ॥		Ajaimal Keeou Baikunthehi Thhaan ||	And gave Ajaamal a place in heaven.	ਅਜਾਮਲ ਪਾਪੀ ਨੂੰ ਬੈਕੁੰਠ ਵਿਚ ਥਾਂ ਦਿੱਤੀ।
37323	874	ਸੂਆ ਪੜਾਵਤ ਗਨਿਕਾ ਤਰੀ॥	ਪੜ੍ਹਾਵਤ	Sooaa Parraavath Ganikaa Tharee ||	Teaching a parrot to speak the Lord's Name, Ganika the prostitute was saved.	ਉਸ ਹਰੀ ਦਾ ਨਾਮ ਤੋਤੇ ਨੂੰ ਪੜ੍ਹਾਉਂਦਿਆਂ ਵੇਸਵਾ ਭੀ ਵਿਕਾਰਾਂ ਵਲੋਂ ਹਟ ਗਈ;
37324	874	ਸੋ ਹਰਿ ਨੈਨਹੁ ਕੀ ਪੂਤਰੀ॥੨॥	ਪੂਤਰੀ:ਪੋਲਾ ਬੋਲੋ	So Har Nainahu Kee Pootharee ||2||	That Lord is the light of my eyes. ||2||	ਉਹੀ ਪ੍ਰਭੂ ਮੇਰੀਆਂ ਅੱਖਾਂ ਦੀ ਪੁਤਲੀ ਹੈ ॥੨॥
37325	874	ਹਰਿ ਹਰਿ ਕਰਤ ਪੂਤਨਾ ਤਰੀ॥		Har Har Karath Poothanaa Tharee ||	Chanting the Name of the Lord, Har, Har, Pootna was saved,	ਪੂਤਨਾ ਦਾਈ ਭੀ ਤਰ ਗਈ, ਜਦੋਂ ਉਸ ਨੇ ਹਰਿ-ਨਾਮ ਸਿਮਰਿਆ;
37326	874	ਬਾਲ ਘਾਤਨੀ ਕਪਟਹਿ ਭਰੀ॥		Baal Ghaathanee Kapattehi Bharee ||	Even though she was a deceitful child-killer.	ਬਾਲਾਂ ਨੂੰ ਮਾਰਨ ਵਾਲੀ ਅਤੇ ਕਪਟ ਨਾਲ ਭਰੀ ਹੋਈ (ਉਸ ਪੂਤਨਾ ਦਾ ਉਧਾਰ ਹੋ ਗਿਆ)।

37327	874	ਸਿਮਰਨ ਦ੍ਰੋਪਦ ਸੁਤ ਉਧਰੀ॥	ਸੁੱਤ	Simaran Dhropadh Suth Oudhharee ||	Contemplating the Lord, Dropadi was saved.	ਸਿਮਰਨ ਦੀ ਬਰਕਤ ਨਾਲ ਹੀ ਦ੍ਰੋਪਤੀ (ਨਿਰਾਦਰੀ ਤੋਂ) ਬਚੀ ਸੀ,
37328	874	ਗਉਤਮ ਸਤੀ ਸਿਲਾ ਨਿਸਤਰੀ॥੩॥	(ਗਉਤਮ)ਗੋਤਮ ਰਿਖੀ ਜੀ ਦੀ(ਸਤੀ)ਇਸਤ੍ਰੀ, ਅ-ਹੱਲਿਆ। ਸਤੀ,ਸਿਲਾ:ਪੋਲਾ ਬੋਲੋ	Gootham Sathee Silaa Nisatharee ||3||	Gautam's wife, turned to stone, was saved. ||3||	ਤੇ, ਗੌਤਮ ਦੀ ਨੇਕ ਇਸਤ੍ਰੀ ਦਾ ਪਾਰ-ਉਤਾਰਾ ਹੋਇਆ ਸੀ, ਜੋ (ਗੌਤਮ ਦੇ ਸ੍ਰਾਪ ਨਾਲ) ਸਿਲਾ ਬਣ ਗਈ ਸੀ ॥੩॥
37329	874	ਕੇਸੀ ਕੰਸ ਮਥਨੁ ਜਿਨਿ ਕੀਆ॥	ਕੇੱਸੀ ਮਥਨੁ:ਪੋਲਾ ਬੋਲੋ	Kaesee Kans Mathhan Jin Keeaa ||	The Lord, who killed Kaysee and Kans,	ਉਸੇ ਪ੍ਰਭੂ ਨੇ ਕੇਸੀ ਤੇ ਕੰਸ ਦਾ ਨਾਸ ਕੀਤਾ ਸੀ,
37330	874	ਜੀਅ ਦਾਨੁ ਕਾਲੀ ਕਉ ਦੀਆ॥	ਕੱਾਲੀ	Jeea Dhaan Kaalee Ko Dheeaa ||	Gave the gift of life to Kali.	ਤੇ ਕਾਲੀ ਨਾਗ ਦੀ ਜਿੰਦ-ਬਖ਼ਸ਼ੀ ਕੀਤੀ ਸੀ।
37331	874	ਪ੍ਰਣਵੈ ਨਾਮਾ ਐਸੋ ਹਰੀ॥		Pranavai Naamaa Aiso Haree ||	Prays Naam Dayv, such is my Lord;	ਨਾਮਦੇਵ ਬੇਨਤੀ ਕਰਦਾ ਹੈ- ਪ੍ਰਭੂ ਐਸਾ (ਬਖ਼ਸ਼ੰਦ) ਹੈ,
37332	874	ਜਾਸੁ ਜਪਤ ਭੈ ਅਪਦਾ ਟਰੀ॥੪॥੧॥੫॥		Jaas Japath Bhai Apadhaa Ttaree ||4||1||5||	Meditating on Him, fear and suffering are dispelled. ||4||1||5||	ਕਿ ਉਸ ਦਾ ਨਾਮ ਸਿਮਰਿਆਂ ਸਭ ਡਰ ਤੇ ਮੁਸੀਬਤਾਂ ਟਲ ਜਾਂਦੀਆਂ ਹਨ ॥੪॥੧॥੫॥
37333	874	ਗੋਂਡ॥		Gonadd ||	Gond:	

37334	874	ਭੈਰਉ ਭੂਤ ਸੀਤਲਾ ਧਾਵੈ॥		Bhairo Bhooth Seethalaa Dhhaavai ||	One who chases after the god Bhairau, evil spirits and the goddess of smallpox,	ਜੋ ਮਨੁੱਖ ਭੈਰੋਂ ਵਲ ਜਾਂਦਾ ਹੈ (ਭਾਵ, ਜੋ ਭੈਰੋਂ ਦੀ ਅਰਾਧਨਾ ਕਰਦਾ ਹੈ), ਉਹ (ਵਧ ਤੋਂ ਵਧ ਭੈਰੋਂ ਵਰਗਾ ਹੀ) ਭੂਤ ਬਣ ਜਾਂਦਾ ਹੈ। ਜੋ ਸੀਤਲਾ ਨੂੰ ਅਰਾਧਦਾ ਹੈ,
37335	874	ਖਰ ਬਾਹਨ ਉਹੁ ਛਾਰ ਉਡਾਵੈ॥੧॥		Khar Baahan Ouhu Shhaar Ouddaavai ||1||	Is riding on a donkey, kicking up the dust. ||1||	ਉਹ (ਸੀਤਲਾ ਵਾਂਗ) ਖੋਤੇ ਦੀ ਸਵਾਰੀ ਕਰਦਾ ਹੈ ਤੇ (ਖੋਤੇ ਦੇ ਨਾਲ) ਸੁਆਹ ਹੀ ਉਡਾਉਂਦਾ ਹੈ ॥੧॥
37336	874	ਹਉ ਤਉ ਏਕ ਰਮਈਆ ਲੈਹਉ॥	ਰ-ਮਈਆ	Ho Tho Eaek Rameeaa Laiho ||	I take only the Name of the One Lord.	(ਹੇ ਪੰਡਤ!) ਮੈਂ ਤਾਂ ਇੱਕ ਸੋਹਣੇ ਰਾਮ ਦਾ ਨਾਮ ਹੀ ਲਵਾਂਗਾ,
37337	874	ਆਨ ਦੇਵ ਬਦਲਾਵ ਨਿ ਦੈਹਉ॥੧॥ਰਹਾਉ॥	(ਬਦਲਾਵ)ਵੱਟੇ ਬਦਲੇ ਨਿਨਹੀਂ (੨. ਬਦਲਾਵਨਿ)	Aan Dhaev Badhalaavan Dhaiho ||1|| Rehaao ||	I have given away all other gods in exchange for Him. ||1||Pause||	(ਤੁਹਾਡੇ) ਹੋਰ ਸਾਰੇ ਦੇਵਤਿਆਂ ਨੂੰ ਉਸ ਨਾਮ ਦੇ ਵੱਟੇ ਵਿਚ ਦੇ ਦਿਆਂਗਾ, (ਭਾਵ, ਪ੍ਰਭੂ-ਨਾਮ ਦੇ ਟਾਕਰੇ ਤੇ ਮੈਨੂੰ ਤੁਹਾਡੇ ਕਿਸੇ ਭੀ ਦੇਵੀ ਦੇਵਤੇ ਦੀ ਲੋੜ ਨਹੀਂ ਹੈ) ॥੧॥ ਰਹਾਉ ॥
37338	874	ਸਿਵ ਸਿਵ ਕਰਤੇ ਜੋ ਨਰੁ ਧਿਆਵੈ॥		Siv Siv Karathae Jo Nar Dhhiaavai ||	That man who chants ""Shiva, Shiva"", and meditates on him,	ਜੋ ਮਨੁੱਖ ਸ਼ਿਵ ਦਾ ਨਾਮ ਜਪਦਾ ਹੈ,
37339	874	ਬਰਦ ਚਢੇ ਡਉਰੂ ਢਮਕਾਵੈ॥੨॥		Baradh Chadtae Ddouroo Dtamakaavai ||2||	Is riding on a bull, shaking a tambourine. ||2||	ਉਹ (ਵਧ ਤੋਂ ਵਧ ਜੋ ਕੁਝ ਹਾਸਲ ਕਰ ਸਕਦਾ ਹੈ ਇਹ ਹੈ ਕਿ ਸ਼ਿਵ ਦਾ ਰੂਪ ਲੈ ਕੇ, ਸ਼ਿਵ ਦੀ ਸਵਾਰੀ) ਬਲਦ ਉੱਤੇ ਚੜ੍ਹਦਾ ਹੈ ਤੇ (ਸ਼ਿਵ ਵਾਂਗ) ਡਮਰੂ ਵਜਾਉਂਦਾ ਹੈ ॥੨॥

37340	874	ਮਹਾ ਮਾਈ ਕੀ ਪੂਜਾ ਕਰੈ॥		Mehaa Maaee Kee Poojaa Karai ||	One who worships the Great Goddess Maya	ਜੋ ਮਨੁੱਖ ਪਾਰਬਤੀ ਦੀ ਪੂਜਾ ਕਰਦਾ ਹੈ,
37341	874	ਨਰ ਸੈ ਨਾਰਿ ਹੋਇ ਅਉਤਰੈ॥੩॥	(ਅਉਤਰੈ)ਜੰਮਦੇ, ਅਉਤਰੈ:ਪੋਲਾ ਬੋਲੋ	Nar Sai Naar Hoe Aoutharai ||3||	Will be reincarnated as a woman, and not a man. ||3||	ਉਹ ਮਨੁੱਖ ਤੋਂ ਜ਼ਨਾਨੀ ਬਣ ਕੇ ਜਨਮ ਲੈਂਦਾ ਹੈ (ਕਿਉਂਕਿ ਪੂਜਾ ਕਰਨ ਵਾਲਾ ਆਪਣੇ ਪੂਜਯ ਦਾ ਰੂਪ ਹੀ ਬਣ ਸਕਦਾ ਹੈ) ॥੩॥
37342	874	ਤੂ ਕਹੀਅਤ ਹੀ ਆਦਿ ਭਵਾਨੀ॥		Thoo Keheeath Hee Aadh Bhavaanee ||	You are called the Primal Goddess.	ਹੇ ਭਵਾਨੀ! ਤੂੰ ਸਭ ਦਾ ਮੁੱਢ ਅਖਵਾਉਂਦੀ ਹੈਂ,
37343	874	ਮੁਕਤਿ ਕੀ ਬਰੀਆ ਕਹਾ ਛਪਾਨੀ॥੪॥		Mukath Kee Bareeaa Kehaa Shhapaanee ||4||	At the time of liberation, where will you hide then? ||4||	ਪਰ (ਆਪਣੇ ਭਗਤਾਂ ਨੂੰ) ਮੁਕਤੀ ਦੇਣ ਵੇਲੇ ਤੂੰ ਭੀ, ਪਤਾ ਨਹੀਂ, ਕਿੱਥੇ ਲੁਕੀ ਰਹਿੰਦੀ ਹੈਂ (ਭਾਵ, ਮੁਕਤੀ ਭਵਾਨੀ ਪਾਸ ਭੀ ਨਹੀਂ ਹੈ) ॥੪॥
37344	874	ਗੁਰਮਤਿ ਰਾਮ ਨਾਮ ਗਹੁ ਮੀਤਾ॥		Guramath Raam Naam Gahu Meethaa ||	Follow the Guru's Teachings, and hold tight to the Lord's Name, O friend.	ਹੇ ਮਿੱਤਰ (ਪੰਡਤ!) ਸਤਿਗੁਰੂ ਦੀ ਸਿੱਖਿਆ ਲੈ ਕੇ ਪਰਮਾਤਮਾ ਦੇ ਨਾਮ ਦੀ ਓਟ ਲੈ,
37345	874	ਪ੍ਰਣਵੈ ਨਾਮਾ ਇਉ ਕਹੈ ਗੀਤਾ॥੫॥੨॥੬॥	(ਗੀਤਾਂ)ਗੁਰਸਬਦਾਂ ਨੂੰ	Pranavai Naamaa Eio Kehai Geethaa ||5||2||6||	Thus prays Naam Dayv, and so says the Gita as well. ||5||2||6||	ਨਾਮਦੇਵ ਬੇਨਤੀ ਕਰਦਾ ਹੈ- (ਤੁਹਾਡੀ ਧਰਮ-ਪੁਸਤਕ) ਗੀਤਾ ਭੀ ਇਹੀ ਆਖਦੀ ਹੈ ॥੫॥੨॥੬॥
37346	874	ਬਿਲਾਵਲੁ ਗੋਂਡ॥		Bilaaval Gonadd ||	Bilaaval Gond:	

37347	874	ਆਜੁ ਨਾਮੇ ਬੀਠਲੁ ਦੇਖਿਆ ਮੂਰਖ ਕੋ ਸਮਝਾਊ ਰੇ॥ਰਹਾਉ॥		Aaj Naamae Beethal Dhaekhiaa Moorakh Ko Samajhaaoo Rae || Rehaao ||	Today, Naam Dayv saw the Lord, and so I will instruct the ignorant. ||Pause||	ਹੇ ਪਾਂਡੇ! ਮੈਂ ਤਾਂ ਇਸੇ ਜਨਮ ਵਿਚ ਪਰਮਾਤਮਾ ਦਾ ਦਰਸ਼ਨ ਕਰ ਲਿਆ ਹੈ (ਪਰ ਤੂੰ ਮੂਰਖ ਹੀ ਰਹਿਓਂ, ਤੈਨੂੰ ਦਰਸ਼ਨ ਨਹੀਂ ਹੋਇਆ; ਆ) ਮੈਂ (ਤੈਨੂੰ) ਮੂਰਖ ਨੂੰ ਸਮਝਾਵਾਂ (ਕਿ ਤੈਨੂੰ ਦਰਸ਼ਨ ਕਿਉਂ ਨਹੀਂ ਹੁੰਦਾ) ਰਹਾਉ॥
37348	874	ਪਾਂਡੇ ਤੁਮਰੀ ਗਾਇਤ੍ਰੀ ਲੋਧੇ ਕਾ ਖੇਤੁ ਖਾਤੀ ਥੀ॥		Paanddae Thumaree Gaaeithree Lodhhae Kaa Khaeth Khaathee Thhee ||	O Pandit, O religious scholar, your Gayatri was grazing in the fields.	ਹੇ ਪਾਂਡੇ! (ਪਹਿਲਾਂ ਤਾਂ ਜਿਸ ਗਾਇਤ੍ਰੀ ਦਾ ਤੂੰ ਪਾਠ ਕਰਦਾ ਹੈਂ ਉਸ ਉੱਤੇ ਤੇਰੀ ਸ਼ਰਧਾ ਨਹੀਂ ਬਣ ਸਕਦੀ, ਕਿਉਂਕਿ) ਤੇਰੀ ਗਾਇਤ੍ਰੀ (ਉਹ ਹੈ ਜਿਸ ਬਾਰੇ ਤੂੰ ਆਪ ਹੀ ਆਖਦਾ ਹੈਂ ਕਿ ਇਕ ਵਾਰੀ ਸ੍ਰਾਪ ਦੇ ਕਾਰਨ ਗਊ ਦੀ ਜੂਨ ਵਿਚ ਆ ਕੇ ਇਹ) ਇਕ ਲੋਧੇ ਜੱਟ ਦੀ ਪੈਲੀ ਖਾਣ ਜਾ ਪਈ,
37349	874	ਲੈ ਕਰਿ ਠੇਗਾ ਟਗਰੀ ਤੋਰੀ ਲਾਂਗਤ ਲਾਂਗਤ ਜਾਤੀ ਥੀ॥੧॥		Lai Kar Thaegaa Ttagaree Thoree Laangath Laangath Jaathee Thhee ||1||	Taking a stick, the farmer broke its leg, and now it walks with a limp. ||1||	ਉਸ ਨੇ ਸੋਟਾ ਲੈ ਕੇ ਲੱਤ ਤੋੜ ਦਿੱਤੀ ਤਾਂ (ਵਿਚਾਰੀ) ਲੰਙਾ ਲੰਙਾ ਕੇ ਤੁਰਨ ਲੱਗੀ ॥੧॥

37350	874	ਪਾਂਡੇ ਤੁਮਰਾ ਮਹਾਦੇਉ ਧਉਲੇ ਬਲਦ ਚੜਿਆ ਆਵਤੁ ਦੇਖਿਆ ਥਾ॥	ਚੜ੍ਹਿਆ	Paanddae Thumaraa Mehaadhaeo Dhhoulae Baladh Charriaa Aavath Dhaekhiaa Thhaa ||	O Pandit, I saw your great god Shiva, riding along on a white bull.	ਹੇ ਪਾਂਡੇ! (ਫਿਰ ਤੂੰ ਜਿਸ ਸ਼ਿਵ ਜੀ ਦੀ ਅਰਾਧਨਾ ਕਰਦਾ ਹੈਂ ਉਸ ਨੂੰ ਬੜਾ ਕ੍ਰੋਧੀ ਸਮਝਦਾ ਹੈਂ ਤੇ ਆਖਦਾ ਹੈਂ ਕਿ ਗੁੱਸੇ ਵਿਚ ਆ ਕੇ ਉਹ ਸ੍ਰਾਪ ਦੇ ਦੇਂਦਾ ਹੈ, ਭਸਮ ਕਰ ਦੇਂਦਾ ਹੈ। ਐਸੇ ਸ਼ਿਵ ਨਾਲ ਤੂੰ ਪਿਆਰ ਕਿਵੇਂ ਕਰ ਸਕਦਾ ਹੈਂ?)
37351	874	ਮੋਦੀ ਕੇ ਘਰ ਖਾਣਾ ਪਾਕਾ ਵਾ ਕਾ ਲੜਕਾ ਮਾਰਿਆ ਥਾ॥੨॥	ਪੱਕਾ	Modhee Kae Ghar Khaanaa Paakaa Vaa Kaa Larrakaa Maariaa Thhaa ||2||	In the merchant's house, a banquet was prepared for him - he killed the merchant's son. ||2||	ਤੇਰਾ ਸ਼ਿਵ (ਤਾਂ ਉਹ ਹੈ ਜਿਸ ਬਾਰੇ ਤੂੰ ਆਖਦਾ ਹੈਂ) ਕਿਸੇ ਭੰਡਾਰੀ ਦੇ ਘਰ ਉਸ ਵਾਸਤੇ ਭੋਜਨ ਤਿਆਰ ਹੋਇਆ, ਸ਼ਿਵ ਨੂੰ ਚਿੱਟੇ ਬਲਦ ਉੱਤੇ ਚੜ੍ਹਿਆ ਜਾਂਦਾ ਵੇਖਿਆ, (ਭਾਵ, ਤੂੰ ਦੱਸਦਾ ਹੈਂ ਕਿ ਸ਼ਿਵ ਜੀ ਚਿੱਟੇ ਬਲਦ ਦੀ ਸਵਾਰੀ ਕਰਦੇ ਸਨ) (ਪਰ ਸ਼ਾਇਦ ਉਹ ਭੋਜਨ ਪਸੰਦ ਨਾ ਆਇਆ, ਸ਼ਿਵ ਜੀ ਨੇ ਸ੍ਰਾਪ ਦੇ ਕੇ) ਉਸ ਦਾ ਮੁੰਡਾ ਮਾਰ ਦਿੱਤਾ ॥੨॥
37352	875	ਪਾਂਡੇ ਤੁਮਰਾ ਰਾਮਚੰਦੁ ਸੋ ਭੀ ਆਵਤੁ ਦੇਖਿਆ ਥਾ॥		Paanddae Thumaraa Raamachandh So Bhee Aavath Dhaekhiaa Thhaa ||	O Pandit, I saw your Raam Chand coming too	ਹੇ ਪਾਂਡੇ! ਤੇਰੇ ਸ੍ਰੀ ਰਾਮ ਚੰਦਰ ਜੀ ਭੀ ਆਉਂਦੇ ਵੇਖੇ ਹਨ (ਭਾਵ, ਜਿਸ ਸ੍ਰੀ ਰਾਮ ਚੰਦਰ ਜੀ ਦੀ ਤੂੰ ਉਪਾਸ਼ਨਾ ਕਰਦਾ ਹੈਂ, ਉਹਨਾਂ ਦੀ ਬਾਬਤ ਭੀ ਤੈਥੋਂ ਇਹੀ ਕੁਝ ਅਸਾਂ ਸੁਣਿਆ ਹੈ ਕਿ)

37353	875	ਰਾਵਨ ਸੇਤੀ ਸਰਬਰ ਹੋਈ ਘਰ ਕੀ ਜੋਇ ਗਵਾਈ ਥੀ॥੩॥	(ਸਰਬਰ)ਜੰਗ। (ਜੋਇ)ਇਸਤ੍ਰੀ	Raavan Saethee Sarabar Hoee Ghar Kee Joe Gavaaee Thhee ||3||	; he lost his wife, fighting a war against Raawan. ||3||	ਰਾਵਣ ਨਾਲ ਉਹਨਾਂ ਦੀ ਲੜਾਈ ਹੋ ਪਈ, ਕਿਉਂਕਿ ਉਹ ਵਹੁਟੀ (ਸੀਤਾ ਜੀ) ਗਵਾ ਬੈਠੇ ਸਨ ॥੩॥
37354	875	ਹਿੰਦੂ ਅੰਨ੍ਹਾ ਤੁਰਕੂ ਕਾਣਾ॥		Hindhoo Annhaa Thurakoo Kaanaa ||	The Hindu is sightless; the Muslim has only one eye.	ਸੋ ਹਿੰਦੂ ਦੋਵੇਂ ਅੱਖਾਂ ਗਵਾ ਬੈਠਾ ਹੈ, ਪਰ ਮੁਸਲਮਾਨ ਦੀ ਇੱਕ ਅੱਖ ਹੀ ਖ਼ਰਾਬ ਹੋਈ ਹੈ;
37355	875	ਦੁਹਾਂ ਤੇ ਗਿਆਨੀ ਸਿਆਣਾ॥		Dhuhaan Thae Giaanee Siaanaa ||	The spiritual teacher is wiser than both of them.	ਇਹਨਾਂ ਦੋਹਾਂ ਨਾਲੋਂ ਸਿਆਣਾ ਉਹ ਬੰਦਾ ਹੈ ਜਿਸ ਨੂੰ (ਪ੍ਰਭੂ ਦੀ ਹਸਤੀ ਦਾ ਸਹੀ) ਗਿਆਨ ਹੋ ਗਿਆ ਹੈ।
37356	875	ਹਿੰਦੂ ਪੂਜੈ ਦੇਹੁਰਾ ਮੁਸਲਮਾਣੁ ਮਸੀਤ॥		Hindhoo Poojai Dhaehuraa Musalamaan Maseeth ||	The Hindu worships at the temple, the Muslim at the mosque.	(ਹਿੰਦੂ ਨੇ ਇੱਕ ਅੱਖ ਤਾਂ ਤਦੋਂ ਗਵਾਈ ਜਦੋਂ ਉਹ ਆਪਣੇ ਇਸ਼ਟ ਬਾਰੇ ਸ਼ਰਧਾ-ਹੀਣ ਕਹਾਣੀਆਂ ਘੜਨ ਲੱਗ ਪਿਆ, ਤੇ ਦੂਜੀ ਗਵਾਈ, ਜਦੋਂ ਉਹ ਪਰਮਾਤਮਾ ਨੂੰ ਨਿਰਾ ਮੰਦਰ ਵਿਚ ਬੈਠਾ ਸਮਝ ਕੇ) ਮੰਦਰ ਨੂੰ ਪੂਜਣ ਲੱਗ ਪਿਆ, ਮੁਸਲਮਾਨ (ਦੀ ਹਜ਼ਰਤ ਮੁਹੰਮਦ ਸਾਹਿਬ ਵਿਚ ਪੂਰੀ ਸ਼ਰਧਾ ਹੋਣ ਕਰਕੇ ਇੱਕ ਅੱਖ ਤਾਂ ਸਾਬਤ ਹੈ ਪਰ ਦੂਜੀ ਗਵਾ ਬੈਠਾ ਹੈ, ਕਿਉਂਕਿ ਰੱਬ ਨੂੰ ਨਿਰਾ ਮਸਜਿਦ ਵਿਚ ਜਾਣ ਕੇ) ਮਸਜਿਦ ਨੂੰ ਹੀ ਰੱਬ ਦਾ ਘਰ ਸਮਝ ਰਿਹਾ ਹੈ।

37357	875	ਨਾਮੇ ਸੋਈ ਸੇਵਿਆ ਜਹ ਦੇਹੁਰਾ ਨ ਮਸੀਤਿ॥੪॥੩॥੭॥		Naamae Soee Saeviaa Jeh Dhaehuraa N Maseeth ||4||3||7||	Naam Dayv serves that Lord, who is not limited to either the temple or the mosque. ||4||3||7||	ਮੈਂ ਨਾਮਦੇਵ ਉਸ ਪਰਮਾਤਮਾ ਦਾ ਸਿਮਰਨ ਕਰਦਾ ਹਾਂ ਜਿਸ ਦਾ ਨਾਹ ਕੋਈ ਖ਼ਾਸ ਮੰਦਰ ਹੈ ਤੇ ਨਾ ਮਸਜਿਦ ॥੪॥੩॥੭॥
37358	875	ਰਾਗੁ ਗੋਂਡ ਬਾਣੀ ਰਵਿਦਾਸ ਜੀਉ ਕੀ ਘਰੁ ੨		Raag Gonadd Baanee Ravidhaas Jeeo Kee Ghar 2	Raag Gond, The Word Of Ravi Daas Jee, Second House:	ਰਾਗ ਗੋਂਡ, ਘਰ ੨ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ।
37359	875	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
37360	875	ਮੁਕੰਦ ਮੁਕੰਦ ਜਪਹੁ ਸੰਸਾਰ॥		Mukandh Mukandh Japahu Sansaar ||	Meditate on the Lord Mukanday, the Liberator, O people of the world.	ਹੇ ਲੋਕੋ! ਮੁਕਤੀ-ਦਾਤੇ ਪ੍ਰਭੂ ਨੂੰ ਸਦਾ ਸਿਮਰੋ,
37361	875	ਬਿਨੁ ਮੁਕੰਦ ਤਨੁ ਹੋਇ ਅਉ ਹਾਰ॥	(ਅਉ)ਪੁਨਾ। (ਹਾਰ)ਨਾਸ (੨ ਅਉ ਹਾਰ)	Bin Mukandh Than Hoe Aouhaar ||	Without Mukanday, the body shall be reduced to ashes.	ਉਸ ਦੇ ਸਿਮਰਨ ਤੋਂ ਬਿਨਾ ਇਹ ਸਰੀਰ ਵਿਅਰਥ ਹੀ ਚਲਾ ਜਾਂਦਾ ਹੈ।
37362	875	ਸੋਈ ਮੁਕੰਦੁ ਮੁਕਤਿ ਕਾ ਦਾਤਾ॥		Soee Mukandh Mukath Kaa Dhaathaa ||	Mukanday is the Giver of liberation.	ਉਹ ਪ੍ਰਭੂ ਹੀ ਦੁਨੀਆ ਦੇ ਬੰਧਨਾਂ ਤੋਂ ਮੇਰੀ ਰਾਖੀ ਕਰ ਸਕਦਾ ਹੈ।

37363	875	ਸੋਈ ਮੁਕੰਦੁ ਹਮਰਾ ਪਿਤ ਮਾਤਾ॥੧॥		Soee Mukandh Hamaraa Pith Maathaa ||1||	Mukanday is my father and mother. ||1||	ਮੇਰਾ ਤਾਂ ਮਾਂ ਪਿਉ ਹੀ ਉਹ ਪ੍ਰਭੂ ਹੈ ॥੧॥
37364	875	ਜੀਵਤ ਮੁਕੰਦੇ ਮਰਤ ਮੁਕੰਦੇ॥		Jeevath Mukandhae Marath Mukandhae ||	Meditate on Mukanday in life, and meditate on Mukanday in death.	ਬੰਦਗੀ ਕਰਨ ਵਾਲਾ ਜਿਉਂਦਾ ਭੀ ਪ੍ਰਭੂ ਨੂੰ ਸਿਮਰਦਾ ਹੈ ਤੇ ਮਰਦਾ ਭੀ ਉਸੇ ਨੂੰ ਯਾਦ ਕਰਦਾ ਹੈ (ਸਾਰੀ ਉਮਰ ਹੀ ਪ੍ਰਭੂ ਨੂੰ ਚੇਤੇ ਰੱਖਦਾ ਹੈ)
37365	875	ਤਾ ਕੇ ਸੇਵਕ ਕਉ ਸਦਾ ਅਨੰਦੇ॥੧॥ਰਹਾਉ॥		Thaa Kae Saevak Ko Sadhaa Anandhae ||1|| Rehaao ||	His servant is blissful forever. ||1||Pause||	ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਦੇਣ ਵਾਲੇ ਪ੍ਰਭੂ ਦੀ ਬੰਦਗੀ ਕਰਨ ਵਾਲੇ ਨੂੰ ਸਦਾ ਹੀ ਅਨੰਦ ਬਣਿਆ ਰਹਿੰਦਾ ਹੈ ॥੧॥ ਰਹਾਉ ॥
37366	875	ਮੁਕੰਦ ਮੁਕੰਦ ਹਮਾਰੇ ਪ੍ਰਾਨੰ॥		Mukandh Mukandh Hamaarae Praanan ||	The Lord, Mukanday, is my breath of life.	ਪ੍ਰਭੂ ਦਾ ਸਿਮਰਨ ਮੇਰੀ ਜਿੰਦ (ਦਾ ਆਸਰਾ ਬਣ ਗਿਆ) ਹੈ,
37367	875	ਜਪਿ ਮੁਕੰਦ ਮਸਤਕਿ ਨੀਸਾਨੰ॥		Jap Mukandh Masathak Neesaanan ||	Meditating on Mukanday, one's forehead will bear the Lord's insignia of approval.	ਪ੍ਰਭੂ ਨੂੰ ਸਿਮਰ ਕੇ ਮੇਰੇ ਮੱਥੇ ਉੱਤੇ ਭਾਗ ਜਾਗ ਪਏ ਹਨ;
37368	875	ਸੇਵ ਮੁਕੰਦ ਕਰੈ ਬੈਰਾਗੀ॥		Saev Mukandh Karai Bairaagee ||	The renunciate serves Mukanday.	ਪ੍ਰਭੂ ਦੀ ਭਗਤੀ (ਮਨੁੱਖ ਨੂੰ) ਵੈਰਾਗਵਾਨ ਕਰ ਦੇਂਦੀ ਹੈ,

37369	875	ਸੋਈ ਮੁਕੰਦੁ ਦੁਰਬਲ ਧਨੁ ਲਾਧੀ॥੨॥		Soee Mukandh Dhurabal Dhhan Laadhhee ||2||	Mukanday is the wealth of the poor and forlorn. ||2||	ਮੈਨੂੰ ਗ਼ਰੀਬ ਨੂੰ ਪ੍ਰਭੂ ਦਾ ਨਾਮ ਹੀ ਧਨ ਲੱਭ ਪਿਆ ਹੈ ॥੨॥
37370	875	ਏਕੁ ਮੁਕੰਦੁ ਕਰੈ ਉਪਕਾਰੁ॥		Eaek Mukandh Karai Oupakaar ||	When the One Liberator does me a favor,	ਜੇ ਇੱਕ ਪਰਮਾਤਮਾ ਮੇਰੇ ਉੱਤੇ ਮਿਹਰ ਕਰੇ,
37371	875	ਹਮਰਾ ਕਹਾ ਕਰੈ ਸੰਸਾਰੁ॥		Hamaraa Kehaa Karai Sansaar ||	Then what can the world do to me?	ਤਾਂ (ਮੈਨੂੰ ਚਮਾਰ ਚਮਾਰ ਆਖਣ ਵਾਲੇ ਇਹ) ਲੋਕ ਮੇਰਾ ਕੁਝ ਭੀ ਵਿਗਾੜ ਨਹੀਂ ਸਕਦੇ।
37372	875	ਮੇਟੀ ਜਾਤਿ ਹੂਏ ਦਰਬਾਰਿ॥		Maettee Jaath Hooeae Dharabaar ||	Erasing my social status, I have entered His Court.	ਹੇ ਪ੍ਰਭੂ! (ਤੇਰੀ ਭਗਤੀ ਨੇ) ਮੇਰੀ (ਨੀਵੀਂ) ਜਾਤ (ਵਾਲੀ ਢਹਿੰਦੀ ਕਲਾ ਮੇਰੇ ਅੰਦਰੋਂ) ਮਿਟਾ ਦਿੱਤੀ ਹੈ, ਕਿਉਂਕਿ ਮੈਂ ਸਦਾ ਤੇਰੇ ਦਰ ਤੇ ਹੁਣ ਰਹਿੰਦਾ ਹਾਂ;
37373	875	ਤੁਹੀ ਮੁਕੰਦ ਜੋਗ ਜੁਗ ਤਾਰਿ॥੩॥	(ਤੁਹੀ)ਆਪਜੀ। (ਮੁਕੰਦ)ਮੁਕਤ ਦਾਤੇ, ਅਪਣੇ ਸੱਚੇ ਚਰਨਕਮਲਾਂ ਨਾਲ,(ਜੋਗ)ਜੋੜ। (ਜੁਗ)ਜੋੜ । ਕੇ ਤਾਰਿਤਾਰ ਲੈਣਾ ਕਰੋ ਜੀ।ਜੁੱਗ	Thuhee Mukandh Jog Jug Thaar ||3||	You, Mukanday, are potent throughout the four ages. ||3||	ਤੂੰ ਹੀ ਸਦਾ ਮੈਨੂੰ (ਦੁਨੀਆ ਦੇ ਬੰਧਨਾਂ ਤੇ ਮੁਥਾਜੀਆਂ ਤੋਂ) ਪਾਰ ਲੰਘਾਉਣ ਵਾਲਾ ਹੈਂ ॥੩॥
37374	875	ਉਪਜਿਓ ਗਿਆਨੁ ਹੂਆ ਪਰਗਾਸ॥		Oupajiou Giaan Hooaa Paragaas ||	Spiritual wisdom has welled up, and I have been enlightened.	(ਪ੍ਰਭੂ ਦੀ ਬੰਦਗੀ ਨਾਲ ਮੇਰੇ ਅੰਦਰ) ਆਤਮਕ ਜੀਵਨ ਦੀ ਸੂਝ ਪੈਦਾ ਹੋ ਗਈ ਹੈ, ਚਾਨਣ ਹੋ ਗਿਆ ਹੈ।

37375	875	ਕਰਿ ਕਿਰਪਾ ਲੀਨੇ ਕੀਟ ਦਾਸ॥		Kar Kirapaa Leenae Keett Dhaas ||	In His Mercy, the Lord has made this worm His slave.	ਮਿਹਰ ਕਰ ਕੇ ਮੈਨੂੰ ਨਿਮਾਣੇ ਦਾਸ ਨੂੰ ਪ੍ਰਭੂ ਨੇ ਆਪਣਾ ਬਣਾ ਲਿਆ ਹੈ।
37376	875	ਕਹੁ ਰਵਿਦਾਸ ਅਬ ਤ੍ਰਿਸਨਾ ਚੂਕੀ॥		Kahu Ravidhaas Ab Thrisanaa Chookee ||	Says Ravi Daas, now my thirst is quenched;	ਰਵਿਦਾਸ ਆਖਦਾ ਹੈ- ਹੁਣ ਮੇਰੀ ਤ੍ਰਿਸ਼ਨਾ ਮੁੱਕ ਗਈ ਹੈ,
37377	875	ਜਪਿ ਮੁਕੰਦ ਸੇਵਾ ਤਾਹੂ ਕੀ॥੪॥੧॥		Jap Mukandh Saevaa Thaahoo Kee ||4||1||	I meditate on Mukanday the Liberator, and I serve Him. ||4||1||	ਮੈਂ ਹੁਣ ਪ੍ਰਭੂ ਨੂੰ ਸਿਮਰਦਾ ਹਾਂ, ਨਿੱਤ ਪ੍ਰਭੂ ਦੀ ਹੀ ਭਗਤੀ ਕਰਦਾ ਹਾਂ ॥੪॥੧॥
37378	875	ਗੋਂਡ॥		Gonadd ||	Gond:	
37379	875	ਜੇ ਓਹੁ ਅਠਸਠਿ ਤੀਰਥ ਨ੍ਹਾਵੈ॥	ਅੱਠਸੱਠਿ	Jae Ouhu Athasath Theerathh Nhaavai ||	Someone may bathe at the sixty-eight sacred shrines of pilgrimage,	ਜੇ ਕੋਈ ਮਨੁੱਖ ਅਠਾਹਠ ਤੀਰਥਾਂ ਦਾ ਇਸ਼ਨਾਨ (ਭੀ) ਕਰੇ,
37380	875	ਜੇ ਓਹੁ ਦੁਆਦਸ ਸਿਲਾ ਪੂਜਾਵੈ॥		Jae Ouhu Dhuaadhas Silaa Poojaavai ||	And worship the twelve Shiva-lingam stones,	ਜੇ ਬਾਰਾਂ ਸ਼ਿਵਲਿੰਗਾਂ ਦੀ ਪੂਜਾ ਭੀ ਕਰੇ,
37381	875	ਜੇ ਓਹੁ ਕੂਪ ਤਟਾ ਦੇਵਾਵੈ॥	(ਤਟਾ)ਤਲਾਅ। ਤਟਾ:ਪੋਲਾ ਬੋਲੋ	Jae Ouhu Koop Thattaa Dhaevaavai ||	And dig wells and pools,	ਜੇ (ਲੋਕਾਂ ਦੇ ਭਲੇ ਲਈ) ਖੂਹ ਤਲਾਬ (ਆਦਿਕ) ਲਵਾਏ;
37382	875	ਕਰੈ ਨਿੰਦ ਸਭ ਬਿਰਥਾ ਜਾਵੈ॥੧॥		Karai Nindh Sabh Birathhaa Jaavai ||1||	But if he indulges in slander, then all of this is useless. ||1||	ਪਰ ਜੇ ਉਹ (ਗੁਰਮੁਖਾਂ ਦੀ) ਨਿੰਦਿਆ ਕਰਦਾ ਹੈ, ਤਾਂ ਉਸ ਦੀ ਇਹ ਸਾਰੀ ਮਿਹਨਤ ਵਿਅਰਥ ਜਾਂਦੀ ਹੈ ॥੧॥

37383	875	ਸਾਧ ਕਾ ਨਿੰਦਕੁ ਕੈਸੇ ਤਰੈ॥		Saadhh Kaa Nindhak Kaisae Tharai ||	How can the slanderer of the Holy Saints be saved?	ਸਾਧੂ ਗੁਰਮੁਖਿ ਦੀ ਨਿੰਦਾ ਕਰਨ ਵਾਲਾ ਮਨੁੱਖ (ਜਗਤ ਦੀਆਂ ਨਿਵਾਣਾਂ ਵਿਚੋਂ) ਪਾਰ ਨਹੀਂ ਲੰਘ ਸਕਦਾ,
37384	875	ਸਰਪਰ ਜਾਨਹੁ ਨਰਕ ਹੀ ਪਰੈ॥੧॥ਰਹਾਉ॥		Sarapar Jaanahu Narak Hee Parai ||1|| Rehaao ||	Know for certain, that he shall go to hell. ||1||Pause||	ਯਕੀਨ ਨਾਲ ਜਾਣੋ ਉਹ ਸਦਾ ਨਰਕ ਵਿਚ ਹੀ ਪਿਆ ਰਹਿੰਦਾ ਹੈ ॥੧॥ ਰਹਾਉ ॥
37385	875	ਜੇ ਓਹੁ ਗ੍ਰਹਨ ਕਰੈ ਕੁਲਖੇਤਿ॥		Jae Ouhu Grehan Karai Kulakhaeth ||	Someone may bathe at Kuruk-shaytra during a solar eclipse,	ਜੇ ਕੋਈ ਮਨੁੱਖ ਕੁਲਖੇਤ੍ਰ ਤੇ (ਜਾ ਕੇ) ਗ੍ਰਹਿਣ (ਦਾ ਇਸ਼ਨਾਨ) ਕਰੇ,
37386	875	ਅਰਪੈ ਨਾਰਿ ਸੀਗਾਰ ਸਮੇਤਿ॥		Arapai Naar Seegaar Samaeth ||	And give his decorated wife in offering,	ਗਹਿਣਿਆਂ ਸਮੇਤ ਆਪਣੀ ਵਹੁਟੀ (ਬ੍ਰਾਹਮਣਾਂ ਨੂੰ) ਦਾਨ ਕਰ ਦੇਵੇ,
37387	875	ਸਗਲੀ ਸਿੰਮ੍ਰਿਤਿ ਸ੍ਰਵਨੀ ਸੁਨੈ॥	ਸਿੰਮ-ਿ੍ਰਤਿ	Sagalee Sinmrith Sravanee Sunai ||	And listen to all the Simritees,	ਸਾਰੀਆਂ ਸਿਮ੍ਰਿਤੀਆਂ ਧਿਆਨ ਨਾਲ ਸੁਣੇ;
37388	875	ਕਰੈ ਨਿੰਦ ਕਵਨੈ ਨਹੀ ਗੁਨੈ॥੨॥		Karai Nindh Kavanai Nehee Gunai ||2||	But if he indulges in slander, these are of no account. ||2||	ਪਰ ਜੇ ਉਹ ਭਲਿਆਂ ਦੀ ਨਿੰਦਿਆ ਕਰਦਾ ਹੈ, ਤਾਂ ਇਹਨਾਂ ਸਾਰੇ ਕੰਮਾਂ ਤੋਂ ਕੋਈ ਭੀ ਲਾਭ ਨਹੀਂ ॥੨॥
37389	875	ਜੇ ਓਹੁ ਅਨਿਕ ਪ੍ਰਸਾਦ ਕਰਾਵੈ॥		Jae Ouhu Anik Prasaadh Karaavai ||	Someone may give countless feasts,	ਜੇ ਕੋਈ ਮਨੁੱਖ ਠਾਕਰਾਂ ਨੂੰ ਕਈ ਤਰ੍ਹਾਂ ਦੇ ਭੋਗ ਲਵਾਵੇ,
37390	875	ਭੂਮਿ ਦਾਨ ਸੋਭਾ ਮੰਡਪਿ ਪਾਵੈ॥		Bhoom Dhaan Sobhaa Manddap Paavai ||	And donate land, and build splendid buildings;	ਜ਼ਮੀਨ ਦਾ ਦਾਨ ਕਰੇ (ਜਿਸ ਕਰਕੇ) ਜਗਤ ਵਿਚ ਸ਼ੋਭਾ ਖੱਟ ਲਏ,

37391	875	ਅਪਨਾ ਬਿਗਾਰਿ ਬਿਰਾਂਨਾ ਸਾਂਢੈ॥		Apanaa Bigaar Biraannaa Saandtai ||	He may neglect his own affairs to work for others,	ਜੇ ਆਪਣਾ ਨੁਕਸਾਨ ਕਰ ਕੇ ਭੀ ਦੂਜਿਆਂ ਦੇ ਕੰਮ ਸਵਾਰੇ,
37392	875	ਕਰੈ ਨਿੰਦ ਬਹੁ ਜੋਨੀ ਹਾਂਢੈ॥੩॥		Karai Nindh Bahu Jonee Haandtai ||3||	But if he indulges in slander, he shall wander in countless incarnations. ||3||	ਤਾਂ ਭੀ ਜੇ ਉਹ ਭਲਿਆਂ ਦੀ ਨਿੰਦਿਆ ਕਰਦਾ ਹੈ ਤਾਂ ਕਈ ਜੂਨਾਂ ਵਿਚ ਭਟਕਦਾ ਹੈ ॥੩॥
37393	875	ਨਿੰਦਾ ਕਹਾ ਕਰਹੁ ਸੰਸਾਰਾ॥		Nindhaa Kehaa Karahu Sansaaraa ||	Why do you indulge in slander, O people of the world?	ਹੇ ਦੁਨੀਆ ਦੇ ਲੋਕੋ! ਤੁਸੀ (ਸੰਤਾਂ ਦੀ) ਨਿੰਦਿਆ ਕਿਉਂ ਕਰਦੇ ਹੋ?
37394	875	ਨਿੰਦਕ ਕਾ ਪਰਗਟਿ ਪਾਹਾਰਾ॥		Nindhak Kaa Paragatt Paahaaraa ||	The emptiness of the slanderer is soon exposed.	(ਭਾਵੇਂ ਬਾਹਰੋਂ ਕਈ ਧਾਰਮਿਕ ਕੰਮ ਕਰੇ, ਪਰ ਜੇ ਮਨੁੱਖ ਸੰਤ ਦੀ ਨਿੰਦਾ ਕਰਦਾ ਹੈ ਤਾਂ ਸਾਰੇ ਧਾਰਮਿਕ ਕੰਮ ਇਕ ਠੱਗੀ ਹੀ ਹੈ, ਤੇ) ਨਿੰਦਕ ਦੀ ਇਹ ਠੱਗੀ ਦੀ ਦੁਕਾਨ ਉੱਘੜ ਪੈਂਦੀ ਹੈ।
37395	875	ਨਿੰਦਕੁ ਸੋਧਿ ਸਾਧਿ ਬੀਚਾਰਿਆ॥		Nindhak Sodhh Saadhh Beechaariaa ||	I have thought, and determined the fate of the slanderer.	ਨਿੰਦਕ (ਬਾਬਤ) ਅਸਾਂ ਚੰਗੀ ਤਰ੍ਹਾਂ ਵਿਚਾਰ ਕੇ ਵੇਖ ਲਿਆ ਹੈ,
37396	875	ਕਹੁ ਰਵਿਦਾਸ ਪਾਪੀ ਨਰਕਿ ਸਿਧਾਰਿਆ॥੪॥੨॥੧੧॥੭॥੨॥੪੯॥ਜੋੜੁ॥	ਜੋੜੁ ਪੜ੍ਹਨਾ ਹੈ। ਗੁਰਸਬਦਾਂ ਦੀ ਗਿਣਤੀ ਦੇ ਅੰਕ ਨਹੀਂ ਪੜ੍ਹਨੇ	Kahu Ravidhaas Paapee Narak Sidhhaariaa ||4||2||11||7||2 ||49|| Jorr ||	Says Ravi Daas, he is a sinner; he shall go to hell. ||4||2||11||7||2||49 || Total||	ਰਵਿਦਾਸ ਆਖਦਾ ਹੈ- (ਕਿ ਸੰਤ ਦਾ ਨਿੰਦਕ) ਕੁਕਰਮੀ ਰਹਿੰਦਾ ਹੈ ਤੇ ਨਰਕ ਵਿਚ ਪਿਆ ਰਹਿੰਦਾ ਹੈ ॥੪॥੨॥੧੧॥੭॥੨॥੪੯॥ਜੋੜੁ ॥

37397	876	ਰਾਮਕਲੀ ਮਹਲਾ ੧ ਘਰੁ ੧ ਚਉਪਦੇ		Raamakalee Mehalaa 1 Ghar 1 Choupadhae	Raamkalee, First Mehl, First House, Chau-Padas:	ਰਾਗ ਰਾਮਕਲੀ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
37398	876	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
37399	876	ਕੋਈ ਪੜਤਾ ਸਹਸਾਕਿਰਤਾ ਕੋਈ ਪੜੈ ਪੁਰਾਨਾ॥	(ਸਹਸਾਕਿਰਤਾ)ਸੰਸਕ੍ਰਿਤ।ਪੜ੍ਹਤਾ ਪੜ੍ਹੈ	Koee Parrathaa Sehasaakirathaa Koee Parrai Puraanaa ||	Some read the Sanskrit scriptures, and some read the Puraanas.	ਹੇ ਪ੍ਰਭੂ! (ਤੇਰਾ ਨਾਮ ਵਿਸਾਰ ਕੇ) ਕੋਈ ਮਨੁੱਖ ਮਾਗਧੀ ਪ੍ਰਾਕ੍ਰਿਤ ਵਿਚ ਲਿਖੇ ਹੋਏ ਬੌਧ ਤੇ ਜੈਨ ਗ੍ਰੰਥ ਪੜ੍ਹ ਰਿਹਾ ਹੈ, ਕੋਈ (ਤੈਨੂੰ ਭੁਲਾ ਕੇ) ਪੁਰਾਣ ਆਦਿਕ ਪੜ੍ਹਦਾ ਹੈ,
37400	876	ਕੋਈ ਨਾਮੁ ਜਪੈ ਜਪਮਾਲੀ ਲਾਗੈ ਤਿਸੈ ਧਿਆਨਾ॥		Koee Naam Japai Japamaalee Laagai Thisai Dhhiaanaa ||	Some meditate on the Naam, the Name of the Lord, and chant it on their malas, focusing on it in meditation.	ਕੋਈ (ਕਿਸੇ ਦੇਵੀ ਦੇਵਤੇ ਨੂੰ ਸਿੱਧ ਕਰਨ ਲਈ) ਮਾਲਾ ਨਾਲ (ਦੇਵਤੇ ਦੇ) ਨਾਮ ਦਾ ਜਾਪ ਕਰਦਾ ਹੈ, ਕੋਈ ਸਮਾਧੀ ਲਾਈ ਬੈਠਾ ਹੈ।

37401	876	ਅਬ ਹੀ ਕਬ ਹੀ ਕਿਛੂ ਨ ਜਾਨਾ ਤੇਰਾ ਏਕੋ ਨਾਮੁ ਪਛਾਨਾ॥੧॥		Ab Hee Kab Hee Kishhoo N Jaanaa Thaeraa Eaeko Naam Pashhaanaa ||1||	I know nothing, now or ever; I recognize only Your One Name, Lord. ||1||	ਪਰ ਹੇ ਪ੍ਰਭੂ! ਮੈਂ ਸਿਰਫ਼ ਤੇਰੇ ਨਾਮ ਨੂੰ ਪਛਾਣਦਾ ਹਾਂ (ਤੇਰੇ ਨਾਮ ਨਾਲ ਹੀ ਸਾਂਝ ਪਾਂਦਾ ਹਾਂ), ਮੈਂ ਕਦੇ ਭੀ (ਤੇਰੇ ਨਾਮ ਤੋਂ ਬਿਨਾ) ਕੋਈ ਹੋਰ ਉੱਦਮ (ਐਸਾ) ਨਹੀਂ ਸਮਝਦਾ (ਜੋ ਆਤਮਕ ਜੀਵਨ ਨੂੰ ਉੱਚਾ ਕਰ ਸਕੇ) ॥੧॥
37402	876	ਨ ਜਾਣਾ ਹਰੇ ਮੇਰੀ ਕਵਨ ਗਤੇ॥		N Jaanaa Harae Maeree Kavan Gathae ||	I do not know, Lord, what my condition shall be.	ਹੇ ਹਰੀ! ਮੈਨੂੰ ਇਹ ਸਮਝ ਨਹੀਂ ਸੀ ਕਿ (ਤੇਰੇ ਨਾਮ ਤੋਂ ਬਿਨਾ) ਮੇਰੀ ਆਤਮਕ ਅਵਸਥਾ ਨੀਵੀਂ ਹੋ ਜਾਇਗੀ।
37403	876	ਹਮ ਮੂਰਖ ਅਗਿਆਨ ਸਰਨਿ ਪ੍ਰਭ ਤੇਰੀ ਕਰਿ ਕਿਰਪਾ ਰਾਖਹੁ ਮੇਰੀ ਲਾਜ ਪਤੇ॥੧॥ਰਹਾਉ॥	ਪਤੇ:ਪੋਲਾ ਬੋਲੋ	Ham Moorakh Agiaan Saran Prabh Thaeree Kar Kirapaa Raakhahu Maeree Laaj Pathae ||1|| Rehaao ||	I am foolish and ignorant; I seek Your Sanctuary, God. Please, save my honor and my self-respect. ||1||Pause||	ਹੇ ਪ੍ਰਭੂ! ਮੈਂ ਮੂਰਖ ਹਾਂ, ਅਗਿਆਨੀ ਹਾਂ, (ਪਰ) ਤੇਰੀ ਸਰਨ ਆਇਆ ਹਾਂ। ਹੇ ਪ੍ਰਭੂ-ਪਤੀ! ਮੇਹਰ ਕਰ (ਮੈਨੂੰ ਆਪਣਾ ਨਾਮ ਬਖ਼ਸ਼, ਤੇ) ਮੇਰੀ ਇੱਜ਼ਤ ਰੱਖ ਲੈ ॥੧॥ ਰਹਾਉ ॥

37404	876	ਕਬਹੂ ਜੀਅੜਾ ਊਭਿ ਚੜਤੁ ਹੈ ਕਬਹੂ ਜਾਇ ਪਇਆਲੇ॥		Kabehoo Jeearraa Oobh Charrath Hai Kabehoo Jaae Paeiaalae ||	Sometimes, the soul soars high in the heavens, and sometimes it falls to the depths of the nether regions.	(ਤੇਰੇ ਨਾਮ ਨੂੰ ਵਿਸਾਰ ਕੇ ਜੀਵ ਲੋਭ ਵਿਚ ਫਸ ਜਾਂਦਾ ਹੈ) ਕਦੇ (ਜਦੋਂ ਮਾਇਆ ਮਿਲਦੀ ਹੈ) ਜੀਵ (ਬੜਾ ਹੀ ਖ਼ੁਸ਼ ਹੁੰਦਾ, ਮਾਨੋ) ਆਕਾਸ਼ ਵਿਚ ਜਾ ਚੜ੍ਹਦਾ ਹੈ, ਕਦੇ (ਜਦੋਂ ਮਾਇਆ ਦੀ ਥੁੜ ਹੋ ਜਾਂਦੀ ਹੈ, ਤਾਂ ਬਹੁਤ ਡਾਵਾਂ-ਡੋਲ ਹੋ ਜਾਂਦਾ ਹੈ, ਮਾਨੋ) ਪਾਤਾਲ ਵਿਚ ਜਾ ਡਿੱਗਦਾ ਹੈ।
37405	876	ਲੋਭੀ ਜੀਅੜਾ ਥਿਰੁ ਨ ਰਹਤੁ ਹੈ ਚਾਰੇ ਕੁੰਡਾ ਭਾਲੇ॥੨॥		Lobhee Jeearraa Thhir N Rehath Hai Chaarae Kunddaa Bhaalae ||2||	The greedy soul does not remain stable; it searches in the four directions. ||2||	ਲੋਭ-ਵੱਸ ਹੋਇਆ ਜੀਵ ਅਡੋਲ-ਚਿੱਤ ਨਹੀਂ ਰਹਿ ਸਕਦਾ, ਚੌਹੀਂ ਪਾਸੀਂ (ਮਾਇਆ ਦੀ) ਭਾਲ ਕਰਦਾ ਫਿਰਦਾ ਹੈ ॥੨॥
37406	876	ਮਰਣੁ ਲਿਖਾਇ ਮੰਡਲ ਮਹਿ ਆਏ ਜੀਵਣੁ ਸਾਜਹਿ ਮਾਈ॥	ਜੀਵਨ ਨੂੰ ਫ਼ੈਸ਼ਨ ਨਸ਼ੇ ਵਿਸ਼ੇ ਵਿਕਾਰ ਔਗੁਣ ਪਾਪ ਰੂਪ(ਮਾਈ)ਮਾਇਆ ਨਾਲ (ਸਾਜਹਿ)ਸਜਾਉਂਦੇ	Maran Likhaae Manddal Mehi Aaeae Jeevan Saajehi Maaee ||	With death pre-ordained, the soul comes into the world, gathering the riches of life.	ਹੇ ਮਾਂ! ਜੀਵ ਜਗਤ ਵਿਚ (ਇਹ ਲੇਖ ਮੱਥੇ ਤੇ) ਲਿਖਾ ਕੇ ਆਉਂਦੇ ਹਨ (ਕਿ) ਮੌਤ (ਜ਼ਰੂਰ ਆਵੇਗੀ; ਪਰ ਤੈਨੂੰ ਵਿਸਾਰ ਕੇ ਇਥੇ ਸਦਾ) ਜੀਊਂਦੇ ਰਹਿਣ ਦਾ ਬਾਨ੍ਹਣੂ ਬੰਨ੍ਹਦੇ ਹਨ।

37407	876	ਏਕਿ ਚਲੇ ਹਮ ਦੇਖਹ ਸੁਆਮੀ ਭਾਹਿ ਬਲੰਤੀ ਆਈ॥੩॥	ਚੱਲੇ	Eaek Chalae Ham Dhaekheh Suaamee Bhaahi Balanthee Aaee ||3||	I see that some have already gone, O my Lord and Master; the burning fire is coming closer! ||3||	ਹੇ ਮਾਲਿਕ-ਪ੍ਰਭੂ! ਸਾਡੀਆਂ ਅੱਖਾਂ ਦੇ ਸਾਹਮਣੇ ਹੀ ਅਨੇਕਾਂ ਜੀਵ (ਇਥੋਂ) ਤੁਰੇ ਜਾ ਰਹੇ ਹਨ, (ਮੌਤ ਦੀ) ਅੱਗ ਬਲ ਰਹੀ ਹੈ (ਇਸ ਵਿਚ ਸਭ ਦੇ ਸਰੀਰ ਭਸਮ ਹੋ ਜਾਣੇ ਹਨ, ਪਰ ਤੇਰੇ ਨਾਮ ਤੋਂ ਖੁੰਝ ਕੇ ਜੀਵ ਸਦਾ ਜੀਊਣਾ ਹੀ ਲੋਚਦੇ ਹਨ) ॥੩॥
37408	876	ਨ ਕਿਸੀ ਕਾ ਮੀਤੁ ਨ ਕਿਸੀ ਕਾ ਭਾਈ ਨਾ ਕਿਸੈ ਬਾਪੁ ਨ ਮਾਈ॥		N Kisee Kaa Meeth N Kisee Kaa Bhaaee Naa Kisai Baap N Maaee ||	No one has any friend, and no one has any brother; no one has any father or mother.	ਹੇ ਪ੍ਰਭੂ! ਨਾਹ ਕਿਸੇ ਦਾ ਕੋਈ ਮਿਤ੍ਰ, ਨਾਹ ਕਿਸੇ ਦਾ ਕੋਈ ਭਰਾ, ਨਾਹ ਕਿਸੇ ਦਾ ਪਿਉ ਅਤੇ ਨਾਹ ਕਿਸੇ ਦੀ ਮਾਂ (ਅੰਤ ਵੇਲੇ ਕੋਈ ਕਿਸੇ ਨਾਲ ਸਾਥ ਨਹੀਂ ਨਿਬਾਹ ਸਕਦਾ)।
37409	876	ਪ੍ਰਣਵਤਿ ਨਾਨਕ ਜੇ ਤੂ ਦੇਵਹਿ ਅੰਤੇ ਹੋਇ ਸਖਾਈ॥੪॥੧॥		Pranavath Naanak Jae Thoo Dhaevehi Anthae Hoe Sakhaaee ||4||1||	Prays Nanak, if You bless me with Your Name, it shall be my help and support in the end. ||4||1||	ਨਾਨਕ (ਤੇਰੇ ਦਰ ਤੇ) ਬੇਨਤੀ ਕਰਦਾ ਹੈ-ਜੇ ਤੂੰ (ਆਪਣੇ ਨਾਮ ਦੀ ਦਾਤਿ) ਦੇਵੇਂ, ਤਾਂ (ਸਿਰਫ਼ ਇਹੀ) ਅੰਤ ਵੇਲੇ ਸਹਾਈ ਹੋ ਸਕਦਾ ਹੈ ॥੪॥੧॥
37410	876	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	
37411	876	ਸਰਬ ਜੋਤਿ ਤੇਰੀ ਪਸਰਿ ਰਹੀ॥		Sarab Joth Thaeree Pasar Rehee ||	Your Light is prevailing everywhere.	ਹੇ ਪਰਮਾਤਮਾ! ਸਭ ਜੀਵਾਂ ਵਿਚ ਤੇਰੀ ਜੋਤਿ ਰੁਮਕ ਰਹੀ ਹੈ।

37412	876	ਜਹ ਜਹ ਦੇਖਾ ਤਹ ਨਰਹਰੀ॥੧॥		Jeh Jeh Dhaekhaa Theh Nareharee ||1||	Wherever I look, there I see the Lord. ||1||	(ਪਰ ਮੈਨੂੰ ਨਹੀਂ ਦਿੱਸਦੀ ਕਿਉਂਕਿ ਮੈਂ ਮਾਇਆ ਦੇ ਅੰਨ੍ਹੇ ਖੂਹ ਵਿਚ ਡਿੱਗ ਪਿਆ ਹਾਂ। ਮੇਹਰ ਕਰ, ਮੈਨੂੰ ਇਸ ਖੂਹ ਵਿਚੋਂ ਕੱਢ ਤਾ ਕਿ) ਜਿਧਰ ਜਿਧਰ ਮੈਂ ਵੇਖਾਂ ਉਧਰ ਉਧਰ (ਮੈਨੂੰ ਤੂੰ ਹੀ ਦਿੱਸੇਂ) ॥੧॥
37413	876	ਜੀਵਨ ਤਲਬ ਨਿਵਾਰਿ ਸੁਆਮੀ॥		Jeevan Thalab Nivaar Suaamee ||	Please rid me of the desire to live, O my Lord and Master.	ਹੇ ਮਾਲਿਕ-ਪ੍ਰਭੂ! ਮੇਰੀਆਂ ਜ਼ਿੰਦਗੀ ਦੀਆਂ ਵਧਦੀਆਂ ਖ਼ਾਹਸ਼ਾਂ ਦੂਰ ਕਰ।
37414	876	ਅੰਧ ਕੂਪਿ ਮਾਇਆ ਮਨੁ ਗਾਡਿਆ ਕਿਉ ਕਰਿ ਉਤਰਉ ਪਾਰਿ ਸੁਆਮੀ॥੧॥ਰਹਾਉ ॥		Andhh Koop Maaeiaa Man Gaaddiaa Kio Kar Outharo Paar Suaamee ||1|| Rehaao ||	My mind is entangled in the deep dark pit of Maya. How can I cross over, O Lord and Master? ||1||Pause||	ਮੇਰਾ ਮਨ ਮਾਇਆ ਦੇ ਅੰਨ੍ਹੇ ਖੂਹ ਵਿਚ ਫਸਿਆ ਹੈ, (ਤੇਰੀ ਸਹਾਇਤਾ ਤੋਂ ਬਿਨਾ) ਮੈਂ ਇਸ ਵਿਚੋਂ ਕਿਸੇ ਤਰ੍ਹਾਂ ਭੀ ਪਾਰ ਨਹੀਂ ਲੰਘ ਸਕਦਾ ॥੧॥ ਰਹਾਉ ॥
37415	876	ਜਹ ਭੀਤਰਿ ਘਟ ਭੀਤਰਿ ਬਸਿਆ ਬਾਹਰਿ ਕਾਹੇ ਨਾਹੀ॥		Jeh Bheethar Ghatt Bheethar Basiaa Baahar Kaahae Naahee ||	He dwells deep within, inside the heart; how can He not be outside as well?	ਜਿਨ੍ਹਾਂ ਬੰਦਿਆਂ ਦੇ ਹਿਰਦੇ ਵਿਚ ਪਰਮਾਤਮਾ ਦੀ ਜੋਤਿ ਪਰਗਟ ਹੋ ਜਾਂਦੀ ਹੈ, ਉਹਨਾਂ ਨੂੰ ਬਾਹਰ ਭੀ (ਹਰ ਥਾਂ) ਜ਼ਰੂਰ ਉਹੀ ਦਿੱਸਦਾ ਹੈ।

37416	876	ਤਿਨ ਕੀ ਸਾਰ ਕਰੇ ਨਿਤ ਸਾਹਿਬੁ ਸਦਾ ਚਿੰਤ ਮਨ ਮਾਹੀ॥੨॥		Thin Kee Saar Karae Nith Saahib Sadhaa Chinth Man Maahee ||2||	Our Lord and Master always takes care of us, and keeps us in His thoughts. ||2||	(ਉਹਨਾਂ ਨੂੰ ਇਹ ਯਕੀਨ ਬਣ ਜਾਂਦਾ ਹੈ ਕਿ) ਮਾਲਿਕ-ਪ੍ਰਭੂ ਉਹਨਾਂ ਦੀ ਸਦਾ ਸੰਭਾਲ ਕਰਦਾ ਹੈ, ਉਸ ਦੇ ਮਨ ਵਿਚ ਸਦਾ (ਉਹਨਾਂ ਦੀ ਸੰਭਾਲ ਦਾ) ਫ਼ਿਕਰ ਹੈ ॥੨॥
37417	876	ਆਪੇ ਨੇੜੈ ਆਪੇ ਦੂਰਿ॥		Aapae Naerrai Aapae Dhoor ||	He Himself is near at hand, and He is far away.	ਪਰਮਾਤਮਾ ਆਪ ਹੀ ਸਭ ਜੀਵਾਂ ਦੇ ਨੇੜੇ ਵੱਸ ਰਿਹਾ ਹੈ, ਆਪ ਹੀ (ਇਹਨਾਂ ਤੋਂ ਵੱਖ) ਦੂਰ ਭੀ ਹੈ।
37418	876	ਆਪੇ ਸਰਬ ਰਹਿਆ ਭਰਪੂਰਿ॥		Aapae Sarab Rehiaa Bharapoor ||	He Himself is all-pervading, permeating everywhere.	ਪ੍ਰਭੂ ਆਪ ਸਭ ਜੀਵਾਂ ਵਿਚ ਵਿਆਪਕ ਹੈ।
37419	876	ਸਤਗੁਰੁ ਮਿਲੈ ਅੰਧੇਰਾ ਜਾਇ॥		Sathagur Milai Andhhaeraa Jaae ||	Meeting the True Guru, the darkness is dispelled.	ਜੇ ਮੈਨੂੰ ਗੁਰੂ ਮਿਲ ਪਏ ਤਾਂ ਮੇਰਾ ਮਾਇਆ ਦੇ ਅੰਨ੍ਹੇ ਖੂਹ ਵਾਲਾ ਹਨੇਰਾ ਦੂਰ ਹੋ ਜਾਏ।
37420	877	ਜਹ ਦੇਖਾ ਤਹ ਰਹਿਆ ਸਮਾਇ॥੩॥		Jeh Dhaekhaa Theh Rehiaa Samaae ||3||	Wherever I look, there I see Him pervading. ||3||	ਫਿਰ ਮੈਂ ਜਿਧਰ ਜਿਧਰ ਵੇਖਾਂ ਉਧਰ ਉਧਰ ਹੀ ਪਰਮਾਤਮਾ ਵਿਆਪਕ ਦਿੱਸ ਪਏ ॥੩॥

37421	877	ਅੰਤਰਿ ਸਹਸਾ ਬਾਹਰਿ ਮਾਇਆ ਨੈਣੀ ਲਾਗਸਿ ਬਾਣੀ॥	(ਨੈਣੀ)ਨੇਤ੍ਰਾਂ ਨਾਲ ਹੰਕਾਰ ਵਿਕਾਰ ਦਵੈਤ ਦ੍ਰਿਸ਼ਟੀ ਨਾਲ ਦੇਖਣ ਰੂਪ, ਬਾਣੀ ਕਰਕੇ ਵਿਕਾਰ ਨਿੰਦਾ ਬੁਰਾ ਬੋਲਣ ਰੂਪ ਨੇਤਾਂ ਬਾਣੀ ਨੂੰ ਮਾਇਆ ਲੱਗੀ ਹੈ	Anthar Sehasaa Baahar Maaeiaa Nainee Laagas Baanee ||	There is doubt within me, and Maya is outside; it hits me in the eyes like an arrow.	ਹੇ ਜੀਵ! ਜਿਤਨਾ ਚਿਰ ਤੇਰੀਆਂ ਅੱਖਾਂ ਵਿਚ ਬਾਹਰਲੀ (ਦਿੱਸਦੀ) ਮਾਇਆ ਦੀ ਸੁੰਦਰਤਾ ਖਿੱਚ ਪਾ ਰਹੀ ਹੈ,
37422	877	ਪ੍ਰਣਵਤਿ ਨਾਨਕੁ ਦਾਸਨਿ ਦਾਸਾ ਪਰਤਾਪਹਿਗਾ ਪ੍ਰਾਣੀ॥੪॥੨॥	(ਪਰਤਾਪਹਿ-ਗਾ)ਪਛਤਾਵੇਗਾ	Pranavath Naanak Dhaasan Dhaasaa Parathaapehigaa Praanee ||4||2||	Prays Nanak, the slave of the Lord's slaves: such a mortal suffers terribly. ||4||2||	ਪ੍ਰਭੂ ਦੇ ਸੇਵਕਾਂ ਦਾ ਸੇਵਕ ਨਾਨਕ ਬੇਨਤੀ ਕਰਦਾ ਹੈ- (ਉਤਨਾ ਚਿਰ) ਤੇਰੇ ਅੰਦਰ ਸਹਮ ਬਣਿਆ ਰਹੇਗਾ ਤੇ ਤੂੰ ਸਦਾ ਦੁਖੀ ਰਹੇਂਗਾ ॥੪॥੨॥
37423	877	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	
37424	877	ਜਿਤੁ ਦਰਿ ਵਸਹਿ ਕਵਨੁ ਦਰੁ ਕਹੀਐ ਦਰਾ ਭੀਤਰਿ ਦਰੁ ਕਵਨੁ ਲਹੈ॥	ਦਰਾਂ	Jith Dhar Vasehi Kavan Dhar Keheeai Dharaa Bheethar Dhar Kavan Lehai ||	Where is that door, where You live, O Lord? What is that door called? Among all doors, who can find that door?	(ਸੰਸਾਰ-ਸਮੁੰਦਰ ਤੋਂ ਪਾਰ, ਹੇ ਪ੍ਰਭੂ!) ਜਿਸ ਥਾਂ ਤੇ ਤੂੰ ਵੱਸਦਾ ਹੈਂ (ਸੰਸਾਰ-ਸਮੁੰਦਰ ਵਿਚ ਫਸੇ ਜੀਵਾਂ ਤੋਂ) ਉਹ ਥਾਂ ਬਿਆਨ ਨਹੀਂ ਹੋ ਸਕਦਾ, (ਮਾਇਆ-ਵੇੜ੍ਹੇ ਜੀਵਾਂ ਨੂੰ ਉਸ ਥਾਂ ਦੀ ਸਮਝ ਨਹੀਂ ਪੈ ਸਕਦੀ), ਕੋਈ ਵਿਰਲਾ ਹੀ ਜੀਵ ਉਸ ਗੁਪਤ ਥਾਂ ਨੂੰ ਲੱਭ ਸਕਦਾ ਹੈ।

37425	877	ਜਿਸੁ ਦਰ ਕਾਰਣਿ ਫਿਰਾ ਉਦਾਸੀ ਸੋ ਦਰੁ ਕੋਈ ਆਇ ਕਹੈ॥੧॥		Jis Dhar Kaaran Firaa Oudhaasee So Dhar Koee Aae Kehai ||1||	For the sake of that door, I wander around sadly, detached from the world; if only someone would come and tell me about that door. ||1||	(ਜਿਥੇ ਪ੍ਰਭੂ ਵੱਸਦਾ ਹੈ) ਉਹ ਥਾਂ ਪ੍ਰਾਪਤ ਕਰਨ ਵਾਸਤੇ ਮੈਂ (ਚਿਰਾਂ ਤੋਂ) ਭਾਲ ਕਰਦਾ ਫਿਰਦਾ ਹਾਂ, (ਮੇਰਾ ਮਨ ਲੋਚਦਾ ਹੈ ਕਿ) ਕੋਈ (ਗੁਰਮੁਖਿ) ਆ ਕੇ ਮੈਨੂੰ ਉਹ ਥਾਂ ਦੱਸੇ ॥੧॥
37426	877	ਕਿਨ ਬਿਧਿ ਸਾਗਰੁ ਤਰੀਐ॥	ਬਿਧਿ:ਪੋਲਾ ਬੋਲੋ	Kin Bidhh Saagar Thareeai ||	How can I cross over the world-ocean?	(ਸਾਡੇ ਤੇ ਪਰਮਾਤਮਾ ਦੇ ਵਿਚਕਾਰ ਸੰਸਾਰ-ਸਮੁੰਦਰ ਵਿੱਥ ਪਾ ਰਿਹਾ ਹੈ।
37427	877	ਜੀਵਤਿਆ ਨਹ ਮਰੀਐ॥੧॥ਰਹਾਉ॥		Jeevathiaa Neh Mareeai ||1|| Rehaao ||	While I am living, I cannot be dead. ||1||Pause||	ਜਦ ਤਕ ਸੰਸਾਰ-ਸਮੁੰਦਰ ਤੋਂ ਪਾਰ ਨ ਲੰਘੀਏ, ਤਦ ਤਕ ਉਸ ਨੂੰ ਮਿਲਿਆ ਨਹੀਂ ਜਾ ਸਕਦਾ) ਸੰਸਾਰ-ਸਮੁੰਦਰ ਤੋਂ ਪਾਰ ਕਿਨ੍ਹਾਂ ਤਰੀਕਿਆਂ ਨਾਲ ਲੰਘੀਏ? ਜੀਊਂਦਿਆਂ ਮਰਿਆ ਨਹੀਂ ਜਾ ਸਕਦਾ (ਤੇ, ਜਦ ਤਕ ਜੀਊਂਦੇ ਮਰੀਏ ਨਾਹ, ਤਦ ਤਕ ਸਮੁੰਦਰ ਤਰਿਆ ਨਹੀਂ ਜਾ ਸਕਦਾ) ॥੧॥ ਰਹਾਉ ॥

37428	877	ਦੁਖੁ ਦਰਵਾਜਾ ਰੋਹੁ ਰਖਵਾਲਾ ਆਸਾ ਅੰਦੇਸਾ ਦੁਇ ਪਟ ਜੜੇ॥	(ਪਟ)ਤਖ਼ਤੇ।ਪਟ:ਪੋਲਾ ਬੋਲੋ	Dhukh Dharavaajaa Rohu Rakhavaalaa Aasaa Andhaesaa Dhue Patt Jarrae ||	Pain is the door, and anger is the guard; hope and anxiety are the two shutters.	ਸਰਬ-ਵਿਆਪਕ ਪ੍ਰਭੂ ਸਹਿਜ ਅਵਸਥਾ ਦੇ ਆਸਣ ਉਤੇ (ਮਨੁੱਖ ਦੇ ਹਿਰਦੇ ਵਿਚ ਇਕ ਐਸੇ ਘਰ ਵਿਚ) ਬੈਠਾ ਹੋਇਆ ਹੈ (ਜਿਸ ਦੇ ਬਾਹਰ) ਦੁੱਖ ਦਰਵਾਜ਼ਾ ਹੈ, ਕ੍ਰੋਧ ਰਾਖਾ ਹੈ, ਆਸਾ ਤੇ ਸਹਿਮ (ਉਸ ਦੁੱਖ-ਦਰਵਾਜ਼ੇ ਨੂੰ) ਦੋ ਭਿੱਤ ਲੱਗੇ ਹੋਏ ਹਨ।
37429	877	ਮਾਇਆ ਜਲੁ ਖਾਈ ਪਾਣੀ ਘਰੁ ਬਾਧਿਆ ਸਤ ਕੈ ਆਸਣਿ ਪੁਰਖੁ ਰਹੈ॥੨॥	ਬੱਾਧਿਆ।ਸੱਤ	Maaeiaa Jal Khaaee Paanee Ghar Baadhhiaa Sath Kai Aasan Purakh Rehai ||2||	Maya is the water in the moat; in the middle of this moat, he has built his home. The Primal Lord sits in the Seat of Truth. ||2||	ਮਾਇਆ ਦੀ ਖਿੱਚ ਉਸ ਦੇ ਦੁਆਲੇ, ਮਾਨੋ, ਖਾਈ (ਪੁੱਟੀ ਹੋਈ) ਹੈ (ਜਿਸ ਵਿਚ ਵਿਸ਼ੇ ਵਿਕਾਰਾਂ ਦਾ ਪਾਣੀ ਭਰਿਆ ਹੋਇਆ ਹੈ, ਉਸ) ਪਾਣੀ ਵਿਚ (ਮਨੁੱਖ ਦਾ (ਹਿਰਦਾ-) ਘਰ ਬਣਿਆ ਹੋਇਆ ਹੈ ॥੨॥
37430	877	ਕਿੰਤੇ ਨਾਮਾ ਅੰਤੁ ਨ ਜਾਣਿਆ ਤੁਮ ਸਰਿ ਨਾਹੀ ਅਵਰੁ ਹਰੇ॥		Kinthae Naamaa Anth N Jaaniaa Thum Sar Naahee Avar Harae ||	You have so many Names, Lord, I do not know their limit. There is no other equal to You.	(ਇਕ ਪਾਸੇ ਜੀਵ ਮਾਇਆ ਵਿਚ ਘਿਰੇ ਪਏ ਹਨ, ਦੂਜੇ ਪਾਸੇ, ਹੇ ਪ੍ਰਭੂ! ਭਾਵੇਂ) ਤੇਰੇ ਕਈ ਨਾਮ ਹਨ, ਪਰ ਕਿਸੇ ਨਾਮ ਦੀ ਰਾਹੀਂ ਤੇਰੇ ਸਾਰੇ ਗੁਣਾਂ ਦਾ ਅੰਤ ਨਹੀਂ ਲੱਭ ਸਕਦਾ। ਹੇ ਹਰੀ! ਤੇਰੇ ਬਰਾਬਰ ਦਾ ਹੋਰ ਕੋਈ ਨਹੀਂ ਹੈ।

37431	877	ਊਚਾ ਨਹੀ ਕਹਣਾ ਮਨ ਮਹਿ ਰਹਣਾ ਆਪੇ ਜਾਣੈ ਆਪਿ ਕਰੇ॥੩॥		Oochaa Nehee Kehanaa Man Mehi Rehanaa Aapae Jaanai Aap Karae ||3||	Do not speak out loud - remain in your mind. The Lord Himself knows, and He Himself acts. ||3||	(ਮਨ ਦੇ ਅਜੇਹੇ ਭਾਵ) ਉੱਚੀ ਬੋਲ ਕੇ ਦੱਸਣ ਦੀ ਭੀ ਲੋੜ ਨਹੀਂ ਹੈ, ਅੰਤਰ ਆਤਮੇ ਹੀ ਟਿਕੇ ਰਹਿਣਾ ਚਾਹੀਦਾ ਹੈ। ਸਰਬ-ਵਿਆਪਕ ਪ੍ਰਭੂ ਸਭ ਦੇ ਦਿਲਾਂ ਦੀ ਆਪ ਹੀ ਜਾਣਦਾ ਹੈ, (ਸਭ ਦੇ ਅੰਦਰ ਪ੍ਰੇਰਕ ਹੋ ਕੇ) ਆਪ ਹੀ (ਸਭ ਕੁਝ) ਕਰ ਰਿਹਾ ਹੈ ॥੩॥
37432	877	ਜਬ ਆਸਾ ਅੰਦੇਸਾ ਤਬ ਹੀ ਕਿਉ ਕਰਿ ਏਕੁ ਕਹੈ॥		Jab Aasaa Andhaesaa Thab Hee Kio Kar Eaek Kehai ||	As long as there is hope, there is anxiety; so how can anyone speak of the One Lord?	ਜਦ ਤਕ (ਜੀਵ ਦੇ ਮਨ ਵਿਚ ਮਾਇਆ ਦੀਆਂ) ਆਸਾਂ ਹਨ, ਤਦ ਤਕ ਸਹਿਮ-ਫ਼ਿਕਰ ਹਨ (ਸਹਿਮਾਂ ਫ਼ਿਕਰਾਂ ਵਿਚ ਰਹਿ ਕੇ) ਕਿਸੇ ਤਰ੍ਹਾਂ ਭੀ ਜੀਵ ਇੱਕ ਪਰਮਾਤਮਾ ਨੂੰ ਸਿਮਰ ਨਹੀਂ ਸਕਦਾ।
37433	877	ਆਸਾ ਭੀਤਰਿ ਰਹੈ ਨਿਰਾਸਾ ਤਉ ਨਾਨਕ ਏਕੁ ਮਿਲੈ॥੪॥		Aasaa Bheethar Rehai Niraasaa Tho Naanak Eaek Milai ||4||	In the midst of hope, remain untouched by hope; then, O Nanak, you shall meet the One Lord. ||4||	ਪਰ ਹੇ ਨਾਨਕ! ਜਦੋਂ ਮਨੁੱਖ ਆਸਾ ਵਿਚ ਰਹਿੰਦਾ ਹੋਇਆ ਹੀ ਆਸਾਂ ਤੋਂ ਨਿਰਲੇਪ ਹੋ ਜਾਂਦਾ ਹੈ ਤਦੋਂ (ਇਸ ਨੂੰ) ਪਰਮਾਤਮਾ ਮਿਲ ਪੈਂਦਾ ਹੈ ॥੪॥
37434	877	ਇਨ ਬਿਧਿ ਸਾਗਰੁ ਤਰੀਐ॥	ਬਿਧਿ:ਪੋਲਾ ਬੋਲੋ	Ein Bidhh Saagar Thareeai ||	In this way, you shall cross over the world-ocean.	(ਮਾਇਆ ਵਿਚ ਰਹਿੰਦੇ ਹੋਏ ਹੀ ਮਾਇਆ ਤੋਂ ਨਿਰਲੇਪ ਰਹਿਣਾ ਹੈ, ਬੱਸ!) ਇਹਨਾਂ ਤਰੀਕਿਆਂ ਨਾਲ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ,

37435	877	ਜੀਵਤਿਆ ਇਉ ਮਰੀਐ ॥੧॥ ਰਹਾਉ ਦੂਜਾ॥੩॥		Jeevathiaa Eio Mareeai ||1|| Rehaao Dhoojaa ||3||	This is the way to remain dead while yet alive. ||1||Second Pause||3||	ਤੇ ਇਸੇ ਤਰ੍ਹਾਂ ਹੀ ਜੀਵੰਦਿਆਂ ਮਰੀਦਾ ਹੈ।੧।ਰਹਾਉ ਦੂਜਾ ॥੧॥ਰਹਾਉ ਦੂਜਾ॥੩॥
37436	877	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	
37437	877	ਸੁਰਤਿ ਸਬਦੁ ਸਾਖੀ ਮੇਰੀ ਸਿੰਙੀ ਬਾਜੈ ਲੋਕੁ ਸੁਣੇ॥	ਸਬਦ ਦੀ, (ਸੁਰਤਿ)ਗਿਆਤ ਸਮਝ, (ਸਾਖੀ)ਸਿੱਖਿਆ ਹੀ (ਸਿੰਙੀ), ਸਬਦ ਦੀ ਸਿੱਖਿਆ,ਗਿਆਤ ਸਮਝ ਵਾਲੇ(ਬਾਜੈ) ਵਿਰਲੇ (ਲੋਕੁ)ਹੀ (ਸੁਣੇ) ਸੁਣਦੇ ਹਨ	Surath Sabadh Saakhee Maeree Sinn(g)ee Baajai Lok Sunae ||	Awareness of the Shabad and the Teachings is my horn; the people hear the sound of its vibrations.	(ਜੋ ਪ੍ਰਭੂ ਸਾਰੇ) ਜਗਤ ਨੂੰ ਸੁਣਦਾ ਹੈ (ਭਾਵ, ਸਾਰੇ ਜਗਤ ਦੀ ਸਦਾਅ ਸੁਣਦਾ ਹੈ) ਉਸ ਦੇ ਚਰਨਾਂ ਵਿਚ ਸੁਰਤ ਜੋੜਨੀ ਮੇਰੀ ਸਦਾਅ ਹੈ, ਉਸ ਨੂੰ ਆਪਣੇ ਅੰਦਰ ਸਾਖਿਆਤ ਵੇਖਣਾ (ਉਸ ਦੇ ਦਰ ਤੇ) ਮੇਰੀ ਸਿੰਙੀ ਵੱਜ ਰਹੀ ਹੈ।
37438	877	ਪਤੁ ਝੋਲੀ ਮੰਗਣ ਕੈ ਤਾਈ ਭੀਖਿਆ ਨਾਮੁ ਪੜੇ॥੧॥	ਪਤੁ:ਪੋਲਾ ਬੋਲੋ। ਤਾਈਂ। ਪੜੇ:ੜ ਹਲੰਤ ਨਹੀਂ ਲਾਉਣ	Path Jholee Mangan Kai Thaaee Bheekhiaa Naam Parrae ||1||	Honor is my begging-bowl, and the Naam, the Name of the Lord, is the charity I receive. ||1||	(ਉਸ ਦਰ ਤੋਂ ਭਿੱਛਿਆ) ਮੰਗਣ ਲਈ ਆਪਣੇ ਆਪ ਨੂੰ ਯੋਗ ਪਾਤ੍ਰ ਬਣਾਣਾ ਮੈਂ (ਮੋਢੇ ਉਤੇ) ਝੋਲੀ ਪਾਈ ਹੋਈ ਹੈ, ਤਾ ਕਿ ਮੈਨੂੰ ਨਾਮ-ਭਿੱਛਿਆ ਮਿਲ ਜਾਏ ॥੧॥
37439	877	ਬਾਬਾ ਗੋਰਖੁ ਜਾਗੈ॥		Baabaa Gorakh Jaagai ||	O Baba, Gorakh is the Lord of the Universe; He is always awake and aware.	ਹੇ ਜੋਗੀ! (ਮੈਂ ਭੀ ਗੋਰਖ ਦਾ ਚੇਲਾ ਹਾਂ, ਪਰ ਮੇਰਾ) ਗੋਰਖ (ਸਦਾ ਜੀਊਂਦਾ) ਜਾਗਦਾ ਹੈ।

37440	877	ਗੋਰਖੁ ਸੋ ਜਿਨਿ ਗੋਇ ਉਠਾਲੀ ਕਰਤੇ ਬਾਰ ਨ ਲਾਗੈ॥੧॥ਰਹਾਉ॥		Gorakh So Jin Goe Outhaalee Karathae Baar N Laagai ||1|| Rehaao ||	He alone is Gorakh, who sustains the earth; He created it in an instant. ||1||Pause||	(ਮੇਰਾ) ਗੋਰਖ ਉਹ ਹੈ ਜਿਸ ਨੇ ਸ੍ਰਿਸ਼ਟੀ ਪੈਦਾ ਕੀਤੀ ਹੈ, ਤੇ ਪੈਦਾ ਕਰਦਿਆਂ ਚਿਰ ਨਹੀਂ ਲੱਗਦਾ ॥੧॥ ਰਹਾਉ ॥
37441	877	ਪਾਣੀ ਪ੍ਰਾਣ ਪਵਣਿ ਬੰਧਿ ਰਾਖੇ ਚੰਦੁ ਸੂਰਜੁ ਮੁਖਿ ਦੀਏ॥		Paanee Praan Pavan Bandhh Raakhae Chandh Sooraj Mukh Dheeeae ||	Binding together water and air, He infused the breath of life into the body, and made the lamps of the sun and the moon.	(ਜਿਸ ਪਰਮਾਤਮਾ ਨੇ) ਪਾਣੀ ਪਉਣ (ਆਦਿਕ ਤੱਤਾਂ) ਵਿਚ (ਜੀਵਾਂ ਦੇ) ਪ੍ਰਾਣ ਟਿਕਾ ਕੇ ਰੱਖ ਦਿੱਤੇ ਹਨ, ਸੂਰਜ ਤੇ ਚੰਦ੍ਰਮਾ ਮੁਖੀ ਦੀਵੇ ਬਣਾਏ ਹਨ,
37442	877	ਮਰਣ ਜੀਵਣ ਕਉ ਧਰਤੀ ਦੀਨੀ ਏਤੇ ਗੁਣ ਵਿਸਰੇ॥੨॥		Maran Jeevan Ko Dhharathee Dheenee Eaethae Gun Visarae ||2||	To die and to live, He gave us the earth, but we have forgotten these blessings. ||2||	ਵੱਸਣ ਵਾਸਤੇ (ਜੀਵਾਂ ਨੂੰ) ਧਰਤੀ ਦਿੱਤੀ ਹੈ (ਜੀਵਾਂ ਨੇ ਉਸ ਨੂੰ ਭੁਲਾ ਕੇ ਉਸ ਦੇ) ਇਤਨੇ ਉਪਕਾਰ ਵਿਸਾਰ ਦਿੱਤੇ ਹਨ ॥੨॥
37443	877	ਸਿਧ ਸਾਧਿਕ ਅਰੁ ਜੋਗੀ ਜੰਗਮ ਪੀਰ ਪੁਰਸ ਬਹੁਤੇਰੇ॥		Sidhh Saadhhik Ar Jogee Jangam Peer Puras Bahuthaerae ||	There are so many Siddhas, seekers, Yogis, wandering pilgrims, spiritual teachers and good people.	ਜਗਤ ਵਿਚ ਅਨੇਕਾਂ ਜੰਗਮ ਜੋਗੀ ਪੀਰ ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ ਅਤੇ ਹੋਰ ਸਾਧਨ ਕਰਨ ਵਾਲੇ ਵੇਖਣ ਵਿਚ ਆਉਂਦੇ ਹਨ,

37444	877	ਜੇ ਤਿਨ ਮਿਲਾ ਤ ਕੀਰਤਿ ਆਖਾ ਤਾ ਮਨੁ ਸੇਵ ਕਰੇ॥੩॥		Jae Thin Milaa Th Keerath Aakhaa Thaa Man Saev Karae ||3||	If I meet them, I chant the Lord's Praises, and then, my mind serves Him. ||3||	ਪਰ ਮੈਂ ਤਾਂ ਜੇ ਉਹਨਾਂ ਨੂੰ ਮਿਲਾਂਗਾ ਤਾਂ (ਉਹਨਾਂ ਨਾਲ ਮਿਲ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੀ ਕਰਾਂਗਾ (ਮੇਰਾ ਜੀਵਨ-ਨਿਸ਼ਾਨਾ ਇਹੀ ਹੈ) ਮੇਰਾ ਮਨ ਪ੍ਰਭੂ ਦਾ ਸਿਮਰਨ ਹੀ ਕਰੇਗਾ ॥੩॥
37445	877	ਕਾਗਦੁ ਲੂਣੁ ਰਹੈ ਘ੍ਰਿਤ ਸੰਗੇ ਪਾਣੀ ਕਮਲੁ ਰਹੈ॥		Kaagadh Loon Rehai Ghrith Sangae Paanee Kamal Rehai ||	Paper and salt, protected by ghee, remain untouched by water, as the lotus remains unaffected in water.	ਜਿਵੇਂ ਲੂਣ ਘਿਉ ਵਿਚ ਪਿਆ ਗਲਦਾ ਨਹੀਂ, ਜਿਵੇਂ ਕਾਗ਼ਜ਼ ਘਿਉ ਵਿਚ ਰੱਖਿਆ ਗਲਦਾ ਨਹੀਂ, ਜਿਵੇਂ ਕੌਲ ਫੁੱਲ ਪਾਣੀ ਵਿਚ ਰਿਹਾਂ ਕੁਮਲਾਂਦਾ ਨਹੀਂ,
37446	877	ਐਸੇ ਭਗਤ ਮਿਲਹਿ ਜਨ ਨਾਨਕ ਤਿਨ ਜਮੁ ਕਿਆ ਕਰੈ॥੪॥੪॥		Aisae Bhagath Milehi Jan Naanak Thin Jam Kiaa Karai ||4||4||	Those who meet with such devotees, O servant Nanak - what can death do to them? ||4||4||	ਇਸੇ ਤਰ੍ਹਾਂ, ਹੇ ਦਾਸ ਨਾਨਕ! ਭਗਤ ਜਨ ਪਰਮਾਤਮਾ ਦੇ ਚਰਨਾਂ ਵਿਚ ਮਿਲੇ ਰਹਿੰਦੇ ਹਨ, ਜਮ ਉਹਨਾਂ ਦਾ ਕੁਝ ਵਿਗਾੜ ਨਹੀਂ ਸਕਦਾ ॥੪॥੪॥
37447	877	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	
37448	877	ਸੁਣਿ ਮਾਛਿੰਦ੍ਰਾ ਨਾਨਕੁ ਬੋਲੈ॥		Sun Maashhindhraa Naanak Bolai ||	Listen, Machhindra, to what Nanak says.	ਨਾਨਕ ਆਖਦਾ ਹੈ-ਹੇ ਮਾਛਿੰਦ੍ਰ! ਸੁਣ।

37449	877	ਵਸਗਤਿ ਪੰਚ ਕਰੇ ਨਹ ਡੋਲੈ॥	ਵੱਸ-ਗਤਿ। ਗਤਿ:ਪੋਲਾ ਬੋਲੋ	Vasagath Panch Karae Neh Ddolai ||	One who subdues the five passions does not waver.	(ਅਸਲ ਵਿਰਕਤ ਕਾਮਾਦਿਕ) ਪੰਜੇ ਵਿਕਾਰਾਂ ਨੂੰ ਆਪਣੇ ਵੱਸ ਵਿਚ ਕਰੀ ਰੱਖਦਾ ਹੈ (ਇਹਨਾਂ ਦੇ ਸਾਹਮਣੇ) ਉਹ ਕਦੇ ਡੋਲਦਾ ਨਹੀਂ।
37450	877	ਐਸੀ ਜੁਗਤਿ ਜੋਗ ਕਉ ਪਾਲੇ॥		Aisee Jugath Jog Ko Paalae ||	One who practices Yoga in such a way,	ਉਹ ਵਿਰਕਤ ਇਸ ਤਰ੍ਹਾਂ ਦੀ ਜੀਵਨ-ਜੁਗਤਿ ਨੂੰ ਸੰਭਾਲ ਰੱਖਦਾ ਹੈ, ਇਹੀ ਹੈ ਉਸ ਦਾ ਜੋਗ-ਸਾਧਨ।
37451	877	ਆਪਿ ਤਰੈ ਸਗਲੇ ਕੁਲ ਤਾਰੇ॥੧॥		Aap Tharai Sagalae Kul Thaarae ||1||	Saves himself, and saves all his generations. ||1||	(ਇਸ ਜੁਗਤਿ ਨਾਲ ਉਹ) ਆਪ (ਸੰਸਾਰ-ਸਮੁੰਦਰ ਦੇ ਵਿਕਾਰਾਂ ਵਿਚੋਂ) ਪਾਰ ਲੰਘ ਜਾਂਦਾ ਹੈ, ਤੇ ਆਪਣੀਆਂ ਸਾਰੀਆਂ ਕੁਲਾਂ ਨੂੰ ਭੀ ਪਾਰ ਲੰਘਾ ਲੈਂਦਾ ਹੈ ॥੧॥
37452	877	ਸੋ ਅਉਧੂਤੁ ਐਸੀ ਮਤਿ ਪਾਵੈ॥		So Aoudhhooth Aisee Math Paavai ||	He alone is a hermit, who attains such understanding.	(ਹੇ ਮਾਛਿੰਦ੍ਰ! ਅਸਲ) ਵਿਰਕਤ ਉਹ ਹੈ ਜਿਸ ਨੂੰ ਅਜੇਹੀ ਸਮਝ ਆ ਜਾਂਦੀ ਹੈ,
37453	877	ਅਹਿ ਨਿਸਿ ਸੁੰਨਿ ਸਮਾਧਿ ਸਮਾਵੈ॥੧॥ਰਹਾਉ॥		Ahinis Sunn Samaadhh Samaavai ||1|| Rehaao ||	Day and night, he remains absorbed in deepest Samaadhi. ||1||Pause||	ਕਿ ਉਹ ਦਿਨ ਰਾਤ ਐਸੇ ਆਤਮਕ ਟਿਕਾਉ ਵਿਚ ਟਿਕਿਆ ਰਹਿੰਦਾ ਹੈ ਜਿਥੇ ਮਾਇਆ ਦੇ ਫੁਰਨਿਆਂ ਵਲੋਂ ਸੁੰਞ ਹੀ ਸੁੰਞ ਹੁੰਦੀ ਹੈ ॥੧॥ ਰਹਾਉ ॥

37454	877	ਭਿਖਿਆ ਭਾਇ ਭਗਤਿ ਭੈ ਚਲੈ॥	ਭਿੱਖਿਆ। ਚੱਲੈ	Bhikhiaa Bhaae Bhagath Bhai Chalai ||	He begs for loving devotion to the Lord, and lives in the Fear of God.	(ਹੇ ਮਾਛਿੰਦ੍ਰ! ਅਸਲ ਵਿਰਕਤ) ਪਰਮਾਤਮਾ ਦੇ ਪਿਆਰ ਵਿਚ ਭਗਤੀ ਵਿਚ ਅਤੇ ਡਰ-ਅਦਬ ਵਿਚ ਜੀਵਨ ਬਤੀਤ ਕਰਦਾ ਹੈ, ਇਹ ਹੈ ਉਸ ਦੀ (ਆਤਮਕ) ਭਿੱਛਿਆ (ਜੋ ਉਹ ਪ੍ਰਭੂ ਦੇ ਦਰ ਤੋਂ ਹਾਸਲ ਕਰਦਾ ਹੈ।
37455	877	ਹੋਵੈ ਸੁ ਤ੍ਰਿਪਤਿ ਸੰਤੋਖਿ ਅਮੁਲੈ॥	ਅ-ਮੁੱਲੈ	Hovai S Thripath Santhokh Amulai ||	He is satisfied, with the priceless gift of contentment.	ਇਸ ਭਿੱਛਿਆ ਨਾਲ ਉਸ ਦੇ ਅੰਦਰ ਸੰਤੋਖ ਪੈਦਾ ਹੁੰਦਾ ਹੈ, ਤੇ) ਉਸ ਅਮੋਲਕ ਸੰਤੋਖ ਨਾਲ ਉਹ ਰੱਜਿਆ ਰਹਿੰਦਾ ਹੈ (ਭਾਵ, ਉਸ ਨੂੰ ਮਾਇਆ ਦੀ ਭੁੱਖ ਨਹੀਂ ਵਿਆਪਦੀ)।
37456	877	ਧਿਆਨ ਰੂਪਿ ਹੋਇ ਆਸਣੁ ਪਾਵੈ॥		Dhhiaan Roop Hoe Aasan Paavai ||	Becoming the embodiment of meditation, he attains the true Yogic posture.	(ਪ੍ਰਭੂ ਦੇ ਪ੍ਰੇਮ ਤੇ ਭਗਤੀ ਦੀ ਬਰਕਤਿ ਨਾਲ ਉਹ ਵਿਰਕਤ) ਪ੍ਰਭੂ ਨਾਲ ਇੱਕ-ਰੂਪ ਹੋ ਜਾਂਦਾ ਹੈ, ਇਸ ਲਿਵ-ਲੀਨਤਾ ਦਾ ਉਹ (ਆਪਣੇ ਆਤਮਾ ਵਾਸਤੇ) ਆਸਣ ਵਿਛਾਂਦਾ ਹੈ।
37457	877	ਸਚਿ ਨਾਮਿ ਤਾੜੀ ਚਿਤੁ ਲਾਵੈ॥੨॥		Sach Naam Thaarree Chith Laavai ||2||	He focuses his consciousness in the deep trance of the True Name. ||2||	ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ, ਪਰਮਾਤਮਾ ਦੇ ਨਾਮ ਵਿਚ ਉਹ ਆਪਣਾ ਚਿੱਤ ਜੋੜਦਾ ਹੈ, ਇਹ (ਉਸ ਵਿਰਕਤ ਦੀ) ਤਾੜੀ ਹੈ ॥੨॥
37458	877	ਨਾਨਕੁ ਬੋਲੈ ਅੰਮ੍ਰਿਤ ਬਾਣੀ॥		Naanak Bolai Anmrith Baanee ||	Nanak chants the Ambrosial Bani.	ਨਾਨਕ ਆਤਮਕ ਜੀਵਨ ਦੇਣ ਵਾਲੀ ਬਾਣੀ ਆਖਦਾ ਹੈ-

37459	877	ਸੁਣਿ ਮਾਛਿੰਦ੍ਰਾ ਅਉਧੂ ਨੀਸਾਣੀ॥		Sun Maashhindhraa Aoudhhoo Neesaanee ||	Listen, O Machhindra: this is the insignia of the true hermit.	ਹੇ ਮਾਛਿੰਦ੍ਰ! ਸੁਣ। ਵਿਰਕਤ ਦੇ ਲੱਛਣ ਇਹ ਹਨ ਕਿ
37460	877	ਆਸਾ ਮਾਹਿ ਨਿਰਾਸੁ ਵਲਾਏ॥		Aasaa Maahi Niraas Valaaeae ||	One who, in the midst of hope, remains untouched by hope,	(ਅਸਲੀ ਵਿਰਕਤ) ਦੁਨੀਆ ਦੀਆਂ ਆਸਾਂ ਵਿਚ ਰਹਿੰਦਾ ਹੋਇਆ ਭੀ ਆਸਾਂ ਤੋਂ ਨਿਰਲੇਪ ਜੀਵਨ ਗੁਜ਼ਾਰਦਾ ਹੈ,
37461	877	ਨਿਹਚਉ ਨਾਨਕ ਕਰਤੇ ਪਾਏ॥੩॥		Nihacho Naanak Karathae Paaeae ||3||	Shall truly find the Creator Lord. ||3||	ਤੇ ਇਸ ਤਰ੍ਹਾਂ ਹੇ ਨਾਨਕ! ਉਹ ਯਕੀਨੀ ਤੌਰ ਤੇ ਪਰਮਾਤਮਾ ਨੂੰ ਪ੍ਰਾਪਤ ਕਰ ਲੈਂਦਾ ਹੈ ॥੩॥
37462	877	ਪ੍ਰਣਵਤਿ ਨਾਨਕੁ ਅਗਮੁ ਸੁਣਾਏ॥	(ਅ-ਗਮ)ਸੋਗ ਰਹਿਤ।ਅਗਮ:ਪੋਲਾ ਬੋਲੋ	Pranavath Naanak Agam Sunaaeae ||	Prays Nanak, I share the mysterious secrets of God.	ਨਾਨਕ ਬੇਨਤੀ ਕਰਦਾ ਹੈ-(ਹੇ ਮਾਛਿੰਦ੍ਰ! ਅਸਲ ਵਿਰਕਤ) ਅਪਹੁੰਚ ਪ੍ਰਭੂ ਦੀ ਸਿਫ਼ਤਿ-ਸਾਲਾਹ ਆਪ ਸੁਣਦਾ ਹੈ ਤੇ ਹੋਰਨਾਂ ਨੂੰ) ਸੁਣਾਂਦਾ ਹੈ।
37463	877	ਗੁਰ ਚੇਲੇ ਕੀ ਸੰਧਿ ਮਿਲਾਏ॥		Gur Chaelae Kee Sandhh Milaaeae ||	The Guru and His disciple are joined together!	(ਗੁਰੂ ਦੀ ਸਿੱਖਿਆ ਉਤੇ ਤੁਰ ਕੇ ਅਸਲ ਵਿਰਕਤ) ਗੁਰੂ ਵਿਚ ਆਪਣਾ ਆਪ ਮਿਲਾ ਦੇਂਦਾ ਹੈ।
37464	877	ਦੀਖਿਆ ਦਾਰੂ ਭੋਜਨੁ ਖਾਇ॥		Dheekhiaa Dhaaroo Bhojan Khaae ||	One who eats this food, this medicine of the Teachings,	ਗੁਰੂ ਦੀ ਸਿੱਖਿਆ ਦੀ ਆਤਮਕ ਖ਼ੁਰਾਕ ਖਾਂਦਾ ਹੈ, ਗੁਰੂ ਦੀ ਸਿੱਖਿਆ ਦੀ ਦਵਾਈ ਖਾਂਦਾ ਹੈ (ਜੋ ਉਸ ਦੇ ਆਤਮਕ ਰੋਗਾਂ ਦਾ ਇਲਾਜ ਕਰਦੀ ਹੈ)।

37465	878	ਛਿਅ ਦਰਸਨ ਕੀ ਸੋਝੀ ਪਾਇ॥੪॥੫॥		Shhia Dharasan Kee Sojhee Paae ||4||5||	Has the wisdom of the six Shaastras. ||4||5||	ਇਸ ਤਰ੍ਹਾਂ ਉਸ ਵਿਰਕਤ ਨੂੰ ਛੇ ਹੀ ਭੇਖਾਂ ਦੀ ਅਸਲੀਅਤ ਦੀ ਸਮਝ ਆ ਜਾਂਦੀ ਹੈ (ਭਾਵ, ਉਸ ਨੂੰ ਛੇ ਹੀ ਭੇਖਾਂ ਦੀ ਲੋੜ ਨਹੀਂ ਰਹਿ ਜਾਂਦੀ ਹੈ ॥੪॥੫॥
37466	878	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	
37467	878	ਹਮ ਡੋਲਤ ਬੇੜੀ ਪਾਪ ਭਰੀ ਹੈ ਪਵਣੁ ਲਗੈ ਮਤੁ ਜਾਈ॥		Ham Ddolath Baerree Paap Bharee Hai Pavan Lagai Math Jaaee ||	My boat is wobbly and unsteady; it is filled with sins. The wind is rising - what if it tips over?	(ਹੇ ਗੁਰੂ!) ਮੇਰੀ ਜ਼ਿੰਦਗੀ ਦੀ ਬੇੜੀ ਪਾਪਾਂ ਨਾਲ ਭਰੀ ਹੋਈ ਹੈ, ਮਾਇਆ ਦਾ ਝੱਖੜ ਝੁੱਲ ਰਿਹਾ ਹੈ, ਮੈਨੂੰ ਡਰ ਲੱਗ ਰਿਹਾ ਹੈ ਕਿ ਕਿਤੇ (ਮੇਰੀ ਬੇੜੀ) ਡੁੱਬ ਨ ਜਾਏ।
37468	878	ਸਨਮੁਖ ਸਿਧ ਭੇਟਣ ਕਉ ਆਏ ਨਿਹਚਉ ਦੇਹਿ ਵਡਿਆਈ॥੧॥		Sanamukh Sidhh Bhaettan Ko Aaeae Nihacho Dhaehi Vaddiaaee ||1||	As sunmukh, I have turned to the Guru; O my Perfect Master; please be sure to bless me with Your glorious greatness. ||1||	(ਚੰਗਾ ਹਾਂ ਮੰਦਾ ਹਾਂ) ਪਰਮਾਤਮਾ ਨੂੰ ਮਿਲਣ ਵਾਸਤੇ (ਪ੍ਰਭੂ ਦੇ ਚਰਨਾਂ ਵਿਚ ਜੁੜਨ ਵਾਸਤੇ) ਮੈਂ ਝਾਕਾ ਲਾਹ ਕੇ ਤੇਰੇ ਦਰ ਤੇ ਆ ਗਿਆ ਹਾਂ। ਹੇ ਗੁਰੂ! ਮੈਨੂੰ ਜ਼ਰੂਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਦਾਤ ਦੇਹ ॥੧॥
37469	878	ਗੁਰ ਤਾਰਿ ਤਾਰਣਹਾਰਿਆ॥		Gur Thaar Thaaranehaariaa ||	O Guru, my Saving Grace, please carry me across the world-ocean.	(ਸੰਸਾਰ-ਸਮੁੰਦਰ ਦੀਆਂ ਵਿਕਾਰਾਂ ਦੀਆਂ ਲਹਿਰਾਂ ਵਿਚੋਂ) ਤਾਰਨ ਵਾਲੇ ਹੇ ਗੁਰੂ! ਮੈਨੂੰ (ਇਹਨਾਂ ਲਹਿਰਾਂ ਵਿਚੋਂ) ਪਾਰ ਲੰਘਾ ਲੈ।

37470	878	ਦੇਹਿ ਭਗਤਿ ਪੂਰਨ ਅਵਿਨਾਸੀ ਹਉ ਤੁਝ ਕਉ ਬਲਿਹਾਰਿਆ॥੧॥ਰਹਾਉ॥		Dhaehi Bhagath Pooran Avinaasee Ho Thujh Ko Balihaariaa ||1|| Rehaao ||	Bless me with devotion to the perfect, imperishable Lord God; I am a sacrifice to You. ||1||Pause||	ਸਦਾ ਕਾਇਮ ਰਹਿਣ ਵਾਲੇ ਅਤੇ ਸਰਬ-ਵਿਆਪਕ ਪਰਮਾਤਮਾ ਦੀ ਭਗਤੀ (ਦੀ ਦਾਤਿ) ਮੈਨੂੰ ਦੇਹ। ਮੈਂ ਤੈਥੋਂ ਸਦਕੇ ਜਾਂਦਾ ਹਾਂ ॥੧॥ ਰਹਾਉ ॥
37471	878	ਸਿਧ ਸਾਧਿਕ ਜੋਗੀ ਅਰੁ ਜੰਗਮ ਏਕੁ ਸਿਧੁ ਜਿਨੀ ਧਿਆਇਆ॥	ਸਿੱਧੁ	Sidhh Saadhhik Jogee Ar Jangam Eaek Sidhh Jinee Dhhiaaeiaa ||	He alone is a Siddha, a seeker, a Yogi, a wandering pilgrim, who meditates on the One Perfect Lord.	ਉਹੀ ਹਨ ਅਸਲ ਸਿੱਧ ਸਾਧਿਕ ਜੋਗੀ ਤੇ ਜੰਗਮ, ਜਿਹੜੇ ਇੱਕ ਪਰਮਾਤਮਾ ਨੂੰ ਆਪਣੇ ਚਿੱਤ ਵਿਚ ਵਸਾਂਦੇ ਹਨ।
37472	878	ਪਰਸਤ ਪੈਰ ਸਿਝਤ ਤੇ ਸੁਆਮੀ ਅਖਰੁ ਜਿਨ ਕਉ ਆਇਆ॥੨॥		Parasath Pair Sijhath Thae Suaamee Akhar Jin Ko Aaeiaa ||2||	Touching the feet of the Lord Master, they are emancipated; they come to receive the Word of the Teachings. ||2||	ਜਿਨ੍ਹਾਂ ਨੂੰ ਗੁਰੂ ਦਾ ਉਪਦੇਸ਼ ਮਿਲ ਜਾਂਦਾ ਹੈ ਉਹ ਮਾਲਿਕ-ਪ੍ਰਭੂ ਦੇ ਚਰਨ ਛੂਹ ਕੇ (ਜ਼ਿੰਦਗੀ ਦੀ ਬਾਜ਼ੀ ਵਿਚ) ਕਾਮਯਾਬ ਹੋ ਜਾਂਦੇ ਹਨ ॥੨॥
37473	878	ਜਪ ਤਪ ਸੰਜਮ ਕਰਮ ਨ ਜਾਨਾ ਨਾਮੁ ਜਪੀ ਪ੍ਰਭ ਤੇਰਾ॥		Jap Thap Sanjam Karam N Jaanaa Naam Japee Prabh Thaeraa ||	I know nothing of charity, meditation, self-discipline or religious rituals; I only chant Your Name, God.	ਹੇ ਪ੍ਰਭੂ! (ਜਨਮਾਂ ਜਨਮਾਂਤਰਾਂ ਦੇ ਕੀਤੇ ਕਰਮਾਂ ਦਾ ਲੇਖਾ ਨਿਬੇੜਨ ਵਾਸਤੇ) ਮੈਂ ਕਿਸੇ ਜਪ ਤਪ ਸੰਜਮ ਆਦਿਕ ਧਾਰਮਿਕ ਕਰਮ ਨੂੰ ਕਾਫ਼ੀ ਨਹੀਂ ਸਮਝਦਾ। ਮੈਂ ਤੇਰਾ ਨਾਮ ਹੀ ਸਿਮਰਦਾ ਹਾਂ।

37474	878	ਗੁਰੁ ਪਰਮੇਸਰੁ ਨਾਨਕ ਭੇਟਿਓ ਸਾਚੈ ਸਬਦਿ ਨਿਬੇਰਾ॥੩॥੬॥		Gur Paramaesar Naanak Bhaettiou Saachai Sabadh Nibaeraa ||3||6||	Nanak has met the Guru, the Transcendent Lord God; through the True Word of His Shabad, he is set free. ||3||6||	ਹੇ ਨਾਨਕ! ਜਿਸ ਨੂੰ ਗੁਰੂ ਮਿਲ ਪੈਂਦਾ ਹੈ ਉਸ ਨੂੰ ਪਰਮਾਤਮਾ ਮਿਲ ਪੈਂਦਾ ਹੈ (ਕਿਉਂਕਿ) ਗੁਰੂ ਦੇ ਸੱਚੇ ਸ਼ਬਦ ਦੀ ਰਾਹੀਂ ਉਸ ਦੇ ਜਨਮਾਂ ਜਨਮਾਂਤਰਾਂ ਦੇ ਕੀਤੇ ਕਰਮਾਂ ਦਾ ਲੇਖਾ ਨਿੱਬੜ ਜਾਂਦਾ ਹੈ ॥੩॥੬॥
37475	878	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	
37476	878	ਸੁਰਤੀ ਸੁਰਤਿ ਰਲਾਈਐ ਏਤੁ॥		Surathee Surath Ralaaeeai Eaeth ||	Focus your consciousness in deep absorption on the Lord.	(ਪਹਿਲਾਂ ਤਾਂ) ਇਸ ਮਨੁੱਖਾ ਜਨਮ ਵਿਚ ਪਰਮਾਤਮਾ (ਦੇ ਚਰਨਾਂ) ਵਿਚ ਸੁਰਤ ਜੋੜਨੀ ਚਾਹੀਦੀ ਹੈ।
37477	878	ਤਨੁ ਕਰਿ ਤੁਲਹਾ ਲੰਘਹਿ ਜੇਤੁ ॥		Than Kar Thulehaa Langhehi Jaeth ||	Make your body a raft, to cross over.	ਸਰੀਰ ਨੂੰ (ਵਿਕਾਰਾਂ ਦੇ ਭਾਰ ਤੋਂ ਬਚਾ ਕੇ ਹੌਲਾ-ਫੁੱਲ ਕਰ ਲੈ, ਅਜੇਹੇ ਸਰੀਰ ਨੂੰ) ਤੁਲਹਾ ਬਣਾ, ਜਿਸ (ਸਰੀਰ) ਦੀ ਸਹੈਤਾ ਨਾਲ ਤੂੰ (ਸੰਸਾਰ-ਸਮੁੰਦਰ ਦੀਆਂ ਵਿਕਾਰਾਂ ਦੀਆਂ ਲਹਿਰਾਂ ਤੋਂ) ਪਾਰ ਲੰਘ ਸਕੇਂਗਾ।
37478	878	ਅੰਤਰਿ ਭਾਹਿ ਤਿਸੈ ਤੂ ਰਖੁ॥		Anthar Bhaahi Thisai Thoo Rakh ||	Deep within is the fire of desire; keep it in check.	ਤੇਰੇ (ਆਪਣੇ) ਅੰਦਰ ਬ੍ਰਹਮ-ਅਗਨੀ (ਰੱਬੀ ਜੋਤਿ) ਹੈ, ਉਸ ਨੂੰ (ਸੰਭਾਲ ਕੇ) ਰੱਖ,

37479	878	ਅਹਿ ਨਿਸਿ ਦੀਵਾ ਬਲੈ ਅਥਕੁ॥੧॥	ਅ-ਥੱਕੁ	Ahinis Dheevaa Balai Athhak ||1||	Day and night, that lamp shall burn unceasingly. ||1||	(ਇਸ ਤਰ੍ਹਾਂ ਤੇਰੇ ਅੰਦਰ) ਦਿਨ ਰਾਤ ਲਗਾਤਾਰ (ਗਿਆਨ ਦਾ) ਦੀਵਾ ਬਲਦਾ ਰਹੇਗਾ ॥੧॥
37480	878	ਐਸਾ ਦੀਵਾ ਨੀਰਿ ਤਰਾਇ॥		Aisaa Dheevaa Neer Tharaae ||	Float such a lamp upon the water;	(ਹੇ ਭਾਈ!) ਤੂੰ ਪਾਣੀ ਉਤੇ ਇਹੋ ਜੇਹਾ ਦੀਵਾ ਤਾਰ,
37481	878	ਜਿਤੁ ਦੀਵੈ ਸਭ ਸੋਝੀ ਪਾਇ॥੧॥ਰਹਾਉ॥		Jith Dheevai Sabh Sojhee Paae ||1|| Rehaao ||	This lamp will bring total understanding. ||1||Pause||	ਜਿਸ ਦੀਵੇ ਦੀ ਰਾਹੀਂ (ਜਿਸ ਦੀਵੇ ਦੇ ਚਾਨਣ ਨਾਲ) ਤੈਨੂੰ ਜੀਵਨ-ਸਫ਼ਰ ਦੀਆਂ ਸਾਰੀਆਂ ਗੁੰਝਲਾਂ ਦੀ ਸਮਝ ਪੈ ਜਾਏ ॥੧॥ ਰਹਾਉ ॥
37482	878	ਹਛੀ ਮਿਟੀ ਸੋਝੀ ਹੋਇ॥	ਹੱਛੀ। ਮਿੱਟੀ	Hashhee Mittee Sojhee Hoe ||	This understanding is good clay;	(ਜੇ ਸਹੀ ਜੀਵਨ-ਜੁਗਤਿ ਨੂੰ ਸਮਝਣ ਵਾਲੀ) ਸੁਚੱਜੀ ਅਕਲ ਦੀ ਮਿੱਟੀ ਹੋਵੇ,
37483	878	ਤਾ ਕਾ ਕੀਆ ਮਾਨੈ ਸੋਇ॥		Thaa Kaa Keeaa Maanai Soe ||	A lamp made of such clay is acceptable to the Lord.	ਉਸ ਮਿੱਟੀ ਦਾ ਬਣਿਆ ਹੋਇਆ ਦੀਵਾ ਪਰਮਾਤਮਾ ਪਰਵਾਨ ਕਰਦਾ ਹੈ।
37484	878	ਕਰਣੀ ਤੇ ਕਰਿ ਚਕਹੁ ਢਾਲਿ॥		Karanee Thae Kar Chakahu Dtaal ||	So shape this lamp on the wheel of good actions.	(ਹੇ ਭਾਈ!) ਉੱਚੇ ਆਚਰਨ (ਦੀ ਲੱਕੜੀ) ਤੋਂ (ਚੱਕ) ਬਣਾ ਕੇ (ਉਸ) ਚੱਕ ਤੋਂ (ਦੀਵਾ) ਘੜ।
37485	878	ਐਥੈ ਓਥੈ ਨਿਬਹੀ ਨਾਲਿ॥੨॥		Aithhai Outhhai Nibehee Naal ||2||	In this world and in the next, this lamp shall be with you. ||2||	ਇਹ ਦੀਵਾ ਇਸ ਲੋਕ ਵਿਚ ਤੇ ਪਰਲੋਕ ਵਿਚ ਤੇਰਾ ਸਾਥ ਨਿਬਾਹੇਗਾ (ਜੀਵਨ-ਸਫ਼ਰ ਵਿਚ ਤੇਰੀ ਰਾਹਬਰੀ ਕਰੇਗਾ) ॥੨॥

37486	878	ਆਪੇ ਨਦਰਿ ਕਰੇ ਜਾ ਸੋਇ॥		Aapae Nadhar Karae Jaa Soe ||	When He Himself grants His Grace,	ਜਦੋਂ ਪ੍ਰਭੂ ਆਪ ਹੀ ਮੇਹਰ ਦੀ ਨਜ਼ਰ ਕਰਦਾ ਹੈ,
37487	878	ਗੁਰਮੁਖਿ ਵਿਰਲਾ ਬੂਝੈ ਕੋਇ॥		Guramukh Viralaa Boojhai Koe ||	Then, as Gurmukh, one may understand Him.	ਤਾਂ ਮਨੁੱਖ (ਇਸ ਆਤਮਕ ਦੀਵੇ ਦੇ ਭੇਤ ਨੂੰ) ਸਮਝ ਲੈਂਦਾ ਹੈ, ਪਰ ਸਮਝਦਾ ਕੋਈ ਵਿਰਲਾ ਹੀ ਹੈ ਜੋ ਗੁਰੂ ਦੇ ਦੱਸੇ ਹੋਏ ਰਸਤੇ ਉਤੇ ਤੁਰਦਾ ਹੈ।
37488	878	ਤਿਤੁ ਘਟਿ ਦੀਵਾ ਨਿਹਚਲੁ ਹੋਇ॥	ਘਟਿ:ਪੋਲਾ ਬੋਲੋ	Thith Ghatt Dheevaa Nihachal Hoe ||	Within the heart, this lamp is permanently lit.	ਅਜੇਹੇ ਮਨੁੱਖ ਦੇ ਹਿਰਦੇ ਵਿਚ (ਇਹ ਆਤਮਕ) ਦੀਵਾ ਟਿਕਵਾਂ (ਰਹਿ ਕੇ ਜਗਦਾ) ਹੈ।
37489	878	ਪਾਣੀ ਮਰੈ ਨ ਬੁਝਾਇਆ ਜਾਇ॥	ਬੁਝਾਇਆ:ਪੋਲਾ ਬੋਲੋ	Paanee Marai N Bujhaaeiaa Jaae ||	It is not extinguished by water or wind.	(ਇਹ ਆਤਮਕ ਜੀਵਨ ਦਾ ਚਾਨਣ ਦੇਣ ਵਾਲਾ ਦੀਵਾ ਨਾਹ ਪਾਣੀ ਵਿਚ ਡੁੱਬਦਾ ਹੈ ਨਾਹ ਹੀ ਇਹ ਦੀਵਾ ਬੁਝਾਇਆ ਜਾ ਸਕਦਾ ਹੈ।
37490	878	ਐਸਾ ਦੀਵਾ ਨੀਰਿ ਤਰਾਇ॥੩॥		Aisaa Dheevaa Neer Tharaae ||3||	Such a lamp will carry you across the water. ||3||	ਹੇ ਭਾਈ! ਤੂੰ ਭੀ ਇਹੋ ਜਿਹਾ (ਆਤਮਕ ਜੀਵਨ-ਦਾਤਾ) ਦੀਵਾ (ਰੋਜ਼ਾਨਾ ਜੀਵਨ ਦੀ ਨਦੀ ਦੇ) ਪਾਣੀ ਵਿਚ ਤਾਰ ॥੩॥
37491	878	ਡੋਲੈ ਵਾਉ ਨ ਵਡਾ ਹੋਇ॥		Ddolai Vaao N Vaddaa Hoe ||	Wind does not shake it, or put it out.	(ਕਿਤਨਾ ਹੀ ਵਿਕਾਰਾਂ ਦਾ) ਝੱਖੜ ਝੁੱਲੇ, ਇਹ (ਆਤਮਕ ਚਾਨਣ ਦੇਣ ਵਾਲਾ ਦੀਵਾ) ਡੋਲਦਾ ਨਹੀਂ, ਇਹ (ਆਤਮਕ ਦੀਵਾ) ਬੁੱਝਦਾ ਨਹੀਂ।

37492	878	ਜਾਪੈ ਜਿਉ ਸਿੰਘਾਸਣਿ ਲੋਇ॥		Jaapai Jio Singhaasan Loe ||	Its light reveals the Divine Throne.	(ਇਸ ਦੀਵੇ ਦੇ) (ਚਾਨਣ ਨਾਲ) ਹਿਰਦੇ-ਤਖ਼ਤ ਉਤੇ ਬੈਠਾ ਹੋਇਆ ਪਰਮਾਤਮਾ ਪ੍ਰਤੱਖ ਦਿੱਸ ਪੈਂਦਾ ਹੈ।
37493	878	ਖਤ੍ਰੀ ਬ੍ਰਾਹਮਣੁ ਸੂਦੁ ਕਿ ਵੈਸੁ॥		Khathree Braahaman Soodh K Vais ||	The Kh'shaatriyas, Brahmins, Soodras and Vaishyas	ਕੋਈ ਖਤ੍ਰੀ ਹੋਵੇ, ਬ੍ਰਾਹਮਣ ਹੋਵੇ, ਸ਼ੂਦਰ ਹੋਵੇ, ਚਾਹੇ ਵੈਸ਼ ਹੋਵੇ,
37494	878	ਨਿਰਤਿ ਨ ਪਾਈਆ ਗਣੀ ਸਹੰਸ॥		Nirath N Paaeeaa Ganee Sehans ||	Cannot find its value, even by thousands of calculations.	(ਨਿਰੇ ਇਹ ਚਾਰੇ ਵਰਨ ਨਹੀਂ) ਮੈਂ ਜੇ ਹਜ਼ਾਰਾਂ ਹੀ ਜਾਤੀਆਂ ਗਿਣੀ ਜਾਵਾਂ ਜਿਨ੍ਹਾਂ ਦੀ ਗਿਣਤੀ ਦਾ ਲੇਖਾ ਮੁੱਕ ਨਾਹ ਸਕੇ-
37495	878	ਐਸਾ ਦੀਵਾ ਬਾਲੇ ਕੋਇ॥		Aisaa Dheevaa Baalae Koe ||	If any of them lights such a lamp,	(ਇਹਨਾਂ ਵਰਨਾਂ ਜਾਤੀਆਂ ਵਿਚ ਜੰਮਿਆ ਹੋਇਆ) ਜੇਹੜਾ ਭੀ ਜੀਵ ਇਹੋ ਜਿਹਾ (ਆਤਮਕ ਚਾਨਣ ਦੇਣ ਵਾਲਾ) ਦੀਵਾ ਜਗਾਏਗਾ,
37496	878	ਨਾਨਕ ਸੋ ਪਾਰੰਗਤਿ ਹੋਇ॥੪॥੭॥	(ਪਾ-ਰੰਗਤਿ)ਪਰਮ ਕਲਿਆਣ	Naanak So Paarangath Hoe ||4||7||	O Nanak, he is emancipated. ||4||7||	ਹੇ ਨਾਨਕ! ਉਸ ਦੀ ਆਤਮਕ ਅਵਸਥਾ ਅਜੇਹੀ ਬਣ ਜਾਇਗੀ ਕਿ ਉਹ ਸੰਸਾਰ-ਸਮੁੰਦਰ ਦੀਆਂ ਵਿਕਾਰਾਂ ਦੀਆਂ ਲਹਿਰਾਂ ਵਿਚੋਂ ਸਹੀ-ਸਲਾਮਤ ਪਾਰ ਲੰਘ ਜਾਇਗਾ ॥੪॥੭॥
37497	878	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	

37498	878	ਤੁਧਨੋ ਨਿਵਣੁ ਮੰਨਣੁ ਤੇਰਾ ਨਾਉ॥		Thudhhano Nivan Mannan Thaeraa Naao ||	To place one's faith in Your Name,Lord,is true worship.	(ਹੇ ਪ੍ਰਭੂ!) ਤੇਰੇ ਨਾਮ ਨਾਲ ਡੂੰਘੀ ਸਾਂਝ ਪਾਣੀ ਤੇਰੇ ਅੱਗੇ ਸਿਰ ਨਿਵਾਣਾ ਹੈ, ਤੇਰੀ ਸਿਫ਼ਤਿ-ਸਾਲਾਹ (ਤੇਰੇ ਦਰ ਤੇ ਪਰਵਾਨ ਹੋਣੀ ਵਾਲੀ) ਭੇਟਾ ਹੈ,
37499	878	ਸਾਚੁ ਭੇਟ ਬੈਸਣ ਕਉ ਥਾਉ॥		Saach Bhaett Baisan Ko Thhaao ||	With an offering of Truth, one obtains a place to sit.	(ਜਿਸ ਦੀ ਬਰਕਤਿ ਨਾਲ ਤੇਰੀ ਹਜ਼ੂਰੀ ਵਿਚ) ਬੈਠਣ ਲਈ ਥਾਂ ਮਿਲਦਾ ਹੈ।
37500	878	ਸਤੁ ਸੰਤੋਖੁ ਹੋਵੈ ਅਰਦਾਸਿ॥		Sath Santhokh Hovai Aradhaas ||	If a prayer is offered with truth and contentment,	(ਹੇ ਭਾਈ!) ਜਦੋਂ ਮਨੁੱਖ ਸੰਤੋਖ ਧਾਰਦਾ ਹੈ, (ਦੂਜਿਆਂ ਦੀ) ਸੇਵਾ ਕਰਦਾ ਹੈ (ਤੇ ਇਸ ਜੀਵਨ-ਮਰਯਾਦਾ ਵਿਚ ਰਹਿ ਕੇ ਪ੍ਰਭੂ-ਦਰ ਤੇ) ਅਰਦਾਸ ਕਰਦਾ ਹੈ,
37501	878	ਤਾ ਸੁਣਿ ਸਦਿ ਬਹਾਲੇ ਪਾਸਿ॥੧॥		Thaa Sun Sadh Behaalae Paas ||1||	The Lord will hear it, and call him in to sit by Him. ||1||	ਤਦੋਂ (ਅਰਦਾਸ) ਸੁਣ ਕੇ (ਸਵਾਲੀ ਨੂੰ) ਸੱਦ ਕੇ ਪ੍ਰਭੂ ਆਪਣੇ ਕੋਲ ਬਿਠਾਂਦਾ ਹੈ ॥੧॥
37502	878	ਨਾਨਕ ਬਿਰਥਾ ਕੋਇ ਨ ਹੋਇ॥		Naanak Birathhaa Koe N Hoe ||	O Nanak, no one returns empty-handed;	ਹੇ ਨਾਨਕ! (ਉਸ ਦੀ ਹਜ਼ੂਰੀ ਵਿਚ ਪਹੁੰਚ ਕੇ) ਕੋਈ (ਸਵਾਲੀ) ਖ਼ਾਲੀ ਨਹੀਂ ਮੁੜਦਾ,
37503	878	ਐਸੀ ਦਰਗਹ ਸਾਚਾ ਸੋਇ॥੧॥ਰਹਾਉ॥		Aisee Dharageh Saachaa Soe ||1|| Rehaao ||	Such is the Court of the True Lord. ||1||Pause||	ਪਰਮਾਤਮਾ ਦੀ ਦਰਗਾਹ ਅਜੇਹੀ ਹੈ। ਉਹ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪ ਭੀ ਅਜੇਹਾ ਹੈ (ਜੋ ਸਭ ਦੀਆਂ ਆਸਾਂ ਪੂਰਦਾ ਹੈ) ॥੧॥ ਰਹਾਉ ॥

37504	878	ਪ੍ਰਾਪਤਿ ਪੋਤਾ ਕਰਮੁ ਪਸਾਉ॥		Praapath Pothaa Karam Pasaao ||	The treasure I seek is the gift of Your Grace.	ਹੇ ਪ੍ਰਭੂ! ਜਿਸ ਮਨੁੱਖ ਉਤੇ ਤੇਰੀ ਮੇਹਰ ਹੋਵੇ ਜਿਸ ਉਤੇ ਤੂੰ ਬਖ਼ਸ਼ਸ਼ ਕਰੇਂ ਉਸ ਨੂੰ ਤੇਰੇ ਨਾਮ ਦਾ ਖ਼ਜ਼ਾਨਾ ਮਿਲਦਾ ਹੈ।
37505	878	ਤੂ ਦੇਵਹਿ ਮੰਗਤ ਜਨ ਚਾਉ॥		Thoo Dhaevehi Mangath Jan Chaao ||	Please bless this humble beggar - this is what I seek.	ਮੈਂ ਮੰਗਤੇ ਦੀ ਭੀ ਇਹ ਤਾਂਘ ਹੈ ਕਿ ਤੂੰ ਮੈਨੂੰ ਆਪਣੇ ਨਾਮ ਦੀ ਦਾਤ ਦੇਵੇਂ (ਤਾ ਕਿ ਮੇਰੇ ਹਿਰਦੇ ਵਿਚ ਤੇਰੇ ਚਰਨਾਂ ਦਾ ਪਿਆਰ ਪੈਦਾ ਹੋਵੇ)।
37506	878	ਭਾਡੈ ਭਾਉ ਪਵੈ ਤਿਤੁ ਆਇ॥	ਭਾਂਡੈ	Bhaaddai Bhaao Pavai Thith Aae ||	Please, pour Your Love into the cup of my heart.	ਹੇ ਪ੍ਰਭੂ! ਸਿਰਫ਼ ਉਸ ਹਿਰਦੇ ਵਿਚ ਤੇਰੇ ਚਰਨਾਂ ਦਾ ਪ੍ਰੇਮ ਪੈਦਾ ਹੁੰਦਾ ਹੈ,
37507	878	ਧੁਰਿ ਤੈ ਛੋਡੀ ਕੀਮਤਿ ਪਾਇ॥੨॥		Dhhur Thai Shhoddee Keemath Paae ||2||	This is Your pre-determined value. ||2||	ਜਿਸ ਵਿਚ ਤੂੰ ਆਪ ਹੀ ਆਪਣੇ ਦਰ ਤੋਂ ਇਸ ਪ੍ਰੇਮ ਦੀ ਕਦਰ ਪਾ ਦਿੱਤੀ ਹੈ ॥੨॥
37508	878	ਜਿਨਿ ਕਿਛੁ ਕੀਆ ਸੋ ਕਿਛੁ ਕਰੈ॥		Jin Kishh Keeaa So Kishh Karai ||	The One who created everything, does everything.	ਜਿਸ ਪਰਮਾਤਮਾ ਨੇ ਇਹ ਜਗਤ-ਰਚਨਾ ਬਣਾਈ, ਜੀਵਾਂ ਦੇ ਹਿਰਦੇ ਵਿਚ ਪ੍ਰੇਮ ਦੀ ਖੇਡ ਭੀ ਉਹ ਆਪ ਹੀ ਖੇਡਦਾ ਹੈ।
37509	878	ਅਪਨੀ ਕੀਮਤਿ ਆਪੇ ਧਰੈ॥		Apanee Keemath Aapae Dhharai ||	He Himself appraises His own value.	ਜੀਵਾਂ ਦੇ ਹਿਰਦੇ ਵਿਚ ਆਪਣੇ ਨਾਮ ਦੀ ਕਦਰ ਭੀ ਉਹ ਆਪ ਹੀ ਟਿਕਾਂਦਾ ਹੈ।
37510	878	ਗੁਰਮੁਖਿ ਪਰਗਟੁ ਹੋਆ ਹਰਿ ਰਾਇ॥		Guramukh Paragatt Hoaa Har Raae ||	The Sovereign Lord King becomes manifest to the Gurmukh.	ਪਰਮਾਤਮਾ ਗੁਰੂ ਦੀ ਰਾਹੀਂ (ਜੀਵ ਦੇ ਹਿਰਦੇ ਵਿਚ) ਪਰਗਟ ਹੁੰਦਾ ਹੈ।

37511	878	ਨਾ ਕੋ ਆਵੈ ਨਾ ਕੋ ਜਾਇ॥੩॥		Naa Ko Aavai Naa Ko Jaae ||3||	He does not come, and He does not go. ||3||	(ਜਿਸ ਦੇ ਅੰਦਰ ਪਰਗਟ ਹੁੰਦਾ ਹੈ ਉਸ ਨੂੰ ਇਹ ਸਮਝ ਆ ਜਾਂਦੀ ਹੈ ਕਿ ਪਰਮਾਤਮਾ ਆਪ ਹੀ ਜੀਵ-ਰੂਪ ਹੋ ਕੇ ਜਗਤ ਵਿਚ ਆਉਂਦਾ ਹੈ ਤੇ ਫਿਰ ਚਲਾ ਜਾਂਦਾ ਹੈ, ਉਸ ਤੋਂ ਬਿਨਾ) ਨਾਹ ਕੋਈ ਆਉਂਦਾ ਹੈ ਤੇ ਨਾਹ ਕੋਈ ਜਾਂਦਾ ਹੈ ॥੩॥
37512	878	ਲੋਕੁ ਧਿਕਾਰੁ ਕਹੈ ਮੰਗਤ ਜਨ ਮਾਗਤ ਮਾਨੁ ਨ ਪਾਇਆ॥		Lok Dhhikaar Kehai Mangath Jan Maagath Maan N Paaeiaa ||	People curse at the beggar; by begging, he does not receive honor.	(ਜਦੋਂ ਕੋਈ ਮੰਗਦਾ ਕਿਸੇ ਪਾਸੋਂ ਕੁਝ ਮੰਗਦਾ ਹੈ, ਤਾਂ ਆਮ ਤੌਰ ਤੇ) ਮੰਗਤੇ ਨੂੰ ਜਗਤ ਫਿਟਕਾਰ ਹੀ ਪਾਂਦਾ ਹੈ, ਮੰਗਦਿਆਂ ਇੱਜ਼ਤ ਨਹੀਂ ਮਿਲਿਆ ਕਰਦੀ।
37513	878	ਸਹ ਕੀਆ ਗਲਾ ਦਰ ਕੀਆ ਬਾਤਾ ਤੈ ਤਾ ਕਹਣੁ ਕਹਾਇਆ॥੪॥੮॥	(ਕਹਣੁ)ਉਲਾਂਭਾ। ਕੀਆਂ ਗੱਲਾਂਬਾਤਾਂ	Seh Keeaa Galaa Dhar Keeaa Baathaa Thai Thaa Kehan Kehaaeiaa ||4||8||	O Lord, You inspire me to speak Your Words, and tell the Story of Your Court. ||4||8||	ਪਰ ਹੇ ਖਸਮ-ਪ੍ਰਭੂ! ਤੂੰ ਆਪਣੇ ਉਦਾਰ-ਚਿੱਤ ਹੋਣ ਦੀਆਂ ਗੱਲਾਂ ਤੇ ਆਪਣੇ ਦਰ ਦੀ ਮਰਯਾਦਾ ਦੀਆਂ ਗੱਲਾਂ ਕਿ ਤੇਰੇ ਦਰ ਤੋਂ ਕਦੇ ਕੋਈ ਖ਼ਾਲੀ ਨਹੀਂ ਜਾਂਦਾ ਤੂੰ ਆਪ ਹੀ ਮੇਰੇ ਮੂੰਹੋਂ ਅਖਵਾਈਆਂ ਹਨ (ਤੇਰੇ ਦਰ ਦੇ ਸਵਾਲੀ ਨੂੰ ਇੱਜ਼ਤ ਭੀ ਮਿਲਦੀ ਹੈ ਤੇ ਮੂੰਹ-ਮੰਗੀ ਚੀਜ਼ ਭੀ ਮਿਲਦੀ ਹੈ) ॥੪॥੮॥
37514	878	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	

37515	878	ਸਾਗਰ ਮਹਿ ਬੂੰਦ ਬੂੰਦ ਮਹਿ ਸਾਗਰੁ ਕਵਣੁ ਬੁਝੈ ਬਿਧਿ ਜਾਣੈ॥	ਬੁੱਝੈ। ਬਿਧਿ:ਪੋਲਾ ਬੋਲੋ	Saagar Mehi Boondh Boondh Mehi Saagar Kavan Bujhai Bidhh Jaanai ||	The drop is in the ocean, and the ocean is in the drop. Who understands, and knows this?	(ਜਿਵੇਂ) ਸਮੁੰਦਰ ਵਿਚ ਬੂੰਦਾਂ ਹਨ (ਜਿਵੇਂ) ਬੂੰਦਾਂ ਵਿਚ ਸਮੁੰਦਰ ਵਿਆਪਕ ਹੈ (ਤਿਵੇਂ ਸਾਰੇ ਜੀਅ ਜੰਤ ਪਰਮਾਤਮਾ ਵਿਚ ਜੀਉਂਦੇ ਹਨ ਅਤੇ ਸਾਰੇ ਜੀਵਾਂ ਵਿਚ ਪਰਮਾਤਮਾ ਵਿਆਪਕ ਹੈ)। ਕੋਈ ਵਿਰਲਾ ਮਨੁੱਖ ਇਸ ਭੇਤ ਨੂੰ ਬੁੱਝਦਾ ਹੈ ਤੇ ਵਿਓਂਤ ਨੂੰ ਸਮਝਦਾ ਹੈ।
37516	878	ਉਤਭੁਜ ਚਲਤ ਆਪਿ ਕਰਿ ਚੀਨੈ ਆਪੇ ਤਤੁ ਪਛਾਣੈ॥੧॥		Outhabhuj Chalath Aap Kar Cheenai Aapae Thath Pashhaanai ||1||	He Himself creates the wondrous play of the world. He Himself contemplates it, and understands its true essence. ||1||	ਉਤਭੁਜ (ਆਦਿਕ ਚਾਰ ਖਾਣੀਆਂ ਦੀ ਰਾਹੀਂ ਉਤਪੱਤੀ) ਦਾ ਤਮਾਸ਼ਾ ਰਚ ਕੇ ਪ੍ਰਭੂ ਆਪ ਹੀ ਵੇਖ ਰਿਹਾ ਹੈ, ਤੇ ਆਪ ਹੀ ਇਸ ਅਸਲੀਅਤ ਨੂੰ ਸਮਝਦਾ ਹੈ ॥੧॥
37517	879	ਐਸਾ ਗਿਆਨੁ ਬੀਚਾਰੈ ਕੋਈ॥		Aisaa Giaan Beechaarai Koee ||	How rare are those who contemplate this spiritual wisdom.	#NAME?
37518	879	ਤਿਸ ਤੇ ਮੁਕਤਿ ਪਰਮਗਤਿ ਹੋਈ॥੧॥ਰਹਾਉ॥		This Thae Mukath Param Gath Hoee ||1|| Rehaao ||	Through this, the supreme state of liberation is attained. ||1||Pause||	ਉਸ (ਸਰਬ-ਸਿਰਜਣਹਾਰ ਤੇ ਸਰਬ-ਵਿਆਪਕ ਪ੍ਰਭੂ ਦੀ ਸਿਫ਼ਤਿ-ਸਾਲਾਹ) ਦੀ ਬਰਕਤਿ ਨਾਲ ਮਨੁੱਖ ਨੂੰ ਵਿਕਾਰਾਂ ਤੋਂ ਖ਼ਲਾਸੀ ਪ੍ਰਾਪਤ ਹੁੰਦੀ ਹੈ ਤੇ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਹੁੰਦੀ ਹੈ ॥੧॥ ਰਹਾਉ ॥

37519	879	ਦਿਨ ਮਹਿ ਰੈਣਿ ਰੈਣਿ ਮਹਿ ਦਿਨੀਅਰੁ ਉਸਨ ਸੀਤ ਬਿਧਿ ਸੋਈ॥	ਬਿਧਿ:ਪੋਲਾ ਬੋਲੋ	Dhin Mehi Rain Rain Mehi Dhineear Ousan Seeth Bidhh Soee ||	The night is in the day, and the day is in the night. The same is true of hot and cold.	ਦਿਨ (ਦੇ ਚਾਨਣ) ਵਿਚ ਰਾਤ (ਦਾ ਹਨੇਰਾ) ਲੀਨ ਹੋ ਜਾਂਦਾ ਹੈ, ਰਾਤ (ਦੇ ਹਨੇਰੇ) ਵਿਚ ਸੂਰਜ (ਦਾ ਚਾਨਣ) ਮੁੱਕ ਜਾਂਦਾ ਹੈ। ਇਹੀ ਹਾਲਤ ਹੈ ਗਰਮੀ ਦੀ ਤੇ ਠੰਢ ਦੀ (ਕਦੇ ਗਰਮੀ ਹੈ ਕਦੇ ਠੰਢ, ਕਿਤੇ ਗਰਮੀ ਹੈ ਕਿਤੇ ਠੰਢ)-(ਇਹ ਸਾਰੀ ਖੇਡ ਉਸ ਪਰਮਾਤਮਾ ਦੀ ਕੁਦਰਤਿ ਦੀ ਹੈ)।
37520	879	ਤਾ ਕੀ ਗਤਿ ਮਿਤਿ ਅਵਰੁ ਨ ਜਾਨੈ ਗੁਰ ਬਿਨੁ ਸਮਝ ਨ ਹੋਈ॥੨॥		Thaa Kee Gath Mith Avar N Jaanai Gur Bin Samajh N Hoee ||2||	No one else knows His state and extent; without the Guru, this is not understood. ||2||	ਉਹ ਪਰਮਾਤਮਾ ਕਿਹੋ ਜਿਹਾ ਹੈ ਤੇ ਕੇਡਾ ਵੱਡਾ ਹੈ (ਪਰਮਾਤਮਾ ਤੋਂ ਬਿਨਾ) ਕੋਈ ਹੋਰ ਨਹੀਂ ਜਾਣਦਾ। ਗੁਰੂ ਤੋਂ ਬਿਨਾ ਇਹ ਸਮਝ ਨਹੀਂ ਆਉਂਦੀ (ਕਿ ਅਕਾਲ ਪੁਰਖ ਬੇਅੰਤ ਹੈ ਤੇ ਅਕੱਥ ਹੈ) ॥੨॥
37521	879	ਪੁਰਖ ਮਹਿ ਨਾਰਿ ਨਾਰਿ ਮਹਿ ਪੁਰਖਾ ਬੂਝਹੁ ਬ੍ਰਹਮਗਿਆਨੀ॥		Purakh Mehi Naar Naar Mehi Purakhaa Boojhahu Breham Giaanee ||	The female is in the male, and the male is in the female. Understand this, O God-realized being!	ਹੇ ਪਰਮਾਤਮਾ ਨਾਲ ਡੂੰਘੀ ਸਾਂਝ ਰੱਖਣ ਵਾਲੇ! ਵੇਖ ਅਚਰਜ ਖੇਡ ਕਿ ਮਨੁੱਖਾਂ ਦੇ ਵੀਰਜ ਤੋਂ ਇਸਤ੍ਰੀਆਂ ਪੈਦਾ ਹੁੰਦੀਆਂ ਹਨ ਤੇ ਇਸਤ੍ਰੀਆਂ ਤੋਂ ਮਨੁੱਖ ਜੰਮਦੇ ਹਨ।

37522	879	ਧੁਨਿ ਮਹਿ ਧਿਆਨੁ ਧਿਆਨ ਮਹਿ ਜਾਨਿਆ ਗੁਰਮੁਖਿ ਅਕਥ ਕਹਾਨੀ॥੩॥	ਅ-ਕਥ:ਪੋਲਾ ਬੋਲੋ	Dhhun Mehi Dhhiaan Dhhiaan Mehi Jaaniaa Guramukh Akathh Kehaanee ||3||	The meditation is in the music, and knowledge is in meditation. Become Gurmukh, and speak the Unspoken Speech. ||3||	ਪਰਮਾਤਮਾ ਦੀ ਕੁਦਰਤਿ ਦੀ ਕਹਾਣੀ ਬਿਆਨ ਨਹੀਂ ਹੋ ਸਕਦੀ। ਪਰ ਜੇਹੜਾ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰਦਾ ਹੈ ਉਹ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਆਪਣੀ ਸੁਰਤ ਜੋੜਦਾ ਹੈ ਤੇ ਉਸ ਸੁਰਤ ਵਿਚੋਂ ਪਰਮਾਤਮਾ ਨਾਲ ਜਾਣ-ਪਛਾਣ ਪਾ ਲੈਂਦਾ ਹੈ ॥੩॥
37523	879	ਮਨ ਮਹਿ ਜੋਤਿ ਜੋਤਿ ਮਹਿ ਮਨੂਆ ਪੰਚ ਮਿਲੇ ਗੁਰ ਭਾਈ॥		Man Mehi Joth Joth Mehi Manooaa Panch Milae Gur Bhaaee ||	The Light is in the mind, and the mind is in the Light. The Guru brings the five senses together, like brothers.	ਉਹਨਾਂ ਦੇ ਮਨ ਵਿਚ ਅਕਾਲ ਪੁਰਖ ਦੀ ਜੋਤਿ ਪਰਗਟ ਹੋ ਜਾਂਦੀ ਹੈ, ਪਰਮਾਤਮਾ ਦੀ ਯਾਦ ਵਿਚ ਉਹਨਾਂ ਦਾ ਮਨ ਸਦਾ ਲੀਨ ਰਹਿੰਦਾ ਹੈ, ਉਹਨਾਂ ਦੇ ਪੰਜੇ ਗਿਆਨ-ਇੰਦ੍ਰੇ ਇਕੋ ਇਸ਼ਟ ਵਾਲੇ ਹੋ ਕੇ ਭਟਕਣੋਂ ਹਟ ਜਾਂਦੇ ਹਨ।
37524	879	ਨਾਨਕ ਤਿਨ ਕੈ ਸਦ ਬਲਿਹਾਰੀ ਜਿਨ ਏਕ ਸਬਦਿ ਲਿਵ ਲਾਈ॥੪॥੯॥		Naanak Thin Kai Sadh Balihaaree Jin Eaek Sabadh Liv Laaee ||4||9||	Nanak is forever a sacrifice to those who enshrine love for the One Word of the Shabad. ||4||9||	ਹੇ ਨਾਨਕ! (ਆਖ-) ਮੈਂ ਉਹਨਾਂ ਗੁਰਮੁਖਾਂ ਤੋਂ ਕੁਰਬਾਨ ਹਾਂ ਜਿਨ੍ਹਾਂ ਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਵਿਚ ਸੁਰਤ ਜੋੜੀ ਹੈ ॥੪॥੯॥
37525	879	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	

37526	879	ਜਾ ਹਰਿ ਪ੍ਰਭਿ ਕਿਰਪਾ ਧਾਰੀ॥		Jaa Har Prabh Kirapaa Dhhaaree ||	When the Lord God showered His Mercy,	ਜਦੋਂ ਹਰਿ ਪ੍ਰਭੂ ਨੇ ਆਪ (ਕਿਸੇ ਜੀਵ ਉਤੇ) ਮੇਹਰ ਕੀਤੀ,
37527	879	ਤਾ ਹਉਮੈ ਵਿਚਹੁ ਮਾਰੀ॥		Thaa Houmai Vichahu Maaree ||	Egotism was eradicated from within me.	ਤਦੋਂ ਹੀ ਜੀਵ ਨੇ ਆਪਣੇ ਅੰਦਰੋਂ ਹਉਮੈ ਦੂਰ ਕੀਤੀ।
37528	879	ਸੋ ਸੇਵਕਿ ਰਾਮ ਪਿਆਰੀ॥		So Saevak Raam Piaaree ||	That humble servant who contemplates the Word of the Guru's Shabad,	ਉਹ ਦਾਸੀ ਪਰਮਾਤਮਾ ਨੂੰ ਚੰਗੀ ਲੱਗਣ ਲੱਗ ਪਈ,
37529	879	ਜੋ ਗੁਰ ਸਬਦੀ ਬੀਚਾਰੀ॥੧॥		Jo Gur Sabadhee Beechaaree ||1||	Is very dear to the Lord. ||1||	ਗੁਰੂ ਦੇ ਸ਼ਬਦ ਵਿਚ ਜੁੜ ਕੇ ਜੇਹੜੀ (ਜਿੰਦ-) ਦਾਸੀ ਵਿਚਾਰਵਾਨ ਹੋ ਗਈ (ਤੇ ਆਪਣੇ ਅੰਦਰੋਂ ਹਉਮੈ ਲੋਕ-ਲਾਜ ਮਾਰ ਸਕੀ) ॥੧॥
37530	879	ਸੋ ਹਰਿ ਜਨੁ ਹਰਿ ਪ੍ਰਭ ਭਾਵੈ॥		So Har Jan Har Prabh Bhaavai ||	That humble servant of the Lord is pleasing to his Lord God;	ਪਰਮਾਤਮਾ ਦਾ ਉਹ ਸੇਵਕ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ,
37531	879	ਅਹਿਨਿਸਿ ਭਗਤਿ ਕਰੇ ਦਿਨੁ ਰਾਤੀ ਲਾਜ ਛੋਡਿ ਹਰਿ ਕੇ ਗੁਣ ਗਾਵੈ॥੧॥ਰਹਾਉ॥		Ahinis Bhagath Karae Dhin Raathee Laaj Shhodd Har Kae Gun Gaavai ||1|| Rehaao ||	Day and night, he performs devotional worship, day and night. Disregarding his own honor, he sings the Glorious Praises of the Lord. ||1||Pause||	ਜੋ ਲੋਕ-ਲਾਜ (ਹਉਮੈ) ਛੱਡ ਕੇ ਦਿਨ ਰਾਤ ਹਰ ਵੇਲੇ ਪਰਮਾਤਮਾ ਦੀ ਭਗਤੀ ਕਰਦਾ ਹੈ, ਪਰਮਾਤਮਾ ਦੇ ਗੁਣ ਗਾਂਦਾ ਹੈ ॥੧॥ ਰਹਾਉ ॥

37532	879	ਧੁਨਿ ਵਾਜੇ ਅਨਹਦ ਘੋਰਾ॥		Dhhun Vaajae Anehadh Ghoraa ||	The unstruck melody of the sound current resonates and resounds;	(ਮੇਰੇ ਉਤੇ ਗੁਰੂ ਨੇ ਮੇਹਰ ਕੀਤੀ, ਮੇਰਾ ਮਨ ਗੁਰੂ ਦੇ ਸ਼ਬਦ ਵਿਚ ਜੁੜਿਆ, ਅੰਦਰ ਐਸਾ ਆਨੰਦ ਬਣਿਆ, ਮਾਨੋ,) ਇੱਕ-ਰਸ ਵੱਜ ਰਹੇ ਵਾਜਿਆਂ ਦੀ ਗੰਭੀਰ ਮਿੱਠੀ ਸੁਰ ਸੁਣਾਈ ਦੇਣ ਲੱਗ ਪਈ।
37533	879	ਮਨੁ ਮਾਨਿਆ ਹਰਿ ਰਸਿ ਮੋਰਾ॥		Man Maaniaa Har Ras Moraa ||	My mind is appeased by the subtle essence of the Lord.	ਮੇਰਾ ਮਨ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਸੁਆਦ ਵਿਚ ਮਗਨ ਹੋ ਗਿਆ ਹੈ।
37534	879	ਗੁਰ ਪੂਰੈ ਸਚੁ ਸਮਾਇਆ॥		Gur Poorai Sach Samaaeiaa ||	Through the Perfect Guru, I am absorbed in Truth.	ਪੂਰੇ ਗੁਰੂ ਦੀ ਰਾਹੀਂ ਸਦਾ-ਥਿਰ ਰਹਿਣ ਵਾਲਾ ਪ੍ਰਭੂ (ਮੇਰੇ ਮਨ ਵਿਚ) ਰਚ ਗਿਆ ਹੈ।
37535	879	ਗੁਰੁ ਆਦਿ ਪੁਰਖੁ ਹਰਿ ਪਾਇਆ॥੨॥		Gur Aadh Purakh Har Paaeiaa ||2||	Through the Guru, I have found the Lord, the Primal Being. ||2||	ਮੈਨੂੰ ਸਭ ਤੋਂ ਵੱਡੀ ਹਸਤੀ ਵਾਲਾ ਸਭ ਦਾ ਮੁੱਢ ਸਭ ਵਿਚ ਵਿਆਪਕ ਪ੍ਰਭੂ ਮਿਲ ਪਿਆ ਹੈ ॥੨॥
37536	879	ਸਭਿ ਨਾਦ ਬੇਦ ਗੁਰਬਾਣੀ॥		Sabh Naadh Baedh Gurabaanee ||	Gurbani is the sound current of the Naad, the Vedas, everything.	ਉਸ ਨੂੰ ਜੋਗੀਆਂ ਦੇ ਸਿੰਙੀ ਆਦਿਕ ਸਾਰੇ ਵਾਜੇ ਤੇ ਹਿੰਦੂ ਮਤ ਦੇ ਵੇਦ ਆਦਿਕ ਧਰਮ-ਪੁਸਤਕ ਸਭ ਗੁਰੂ ਦੀ ਬਾਣੀ ਵਿਚ ਹੀ ਆ ਜਾਂਦੇ ਹਨ (ਭਾਵ, ਗੁਰਬਾਣੀ ਦੇ ਟਾਕਰੇ ਤੇ ਉਸ ਨੂੰ ਇਹਨਾਂ ਦੀ ਲੋੜ ਨਹੀਂ ਰਹਿ ਜਾਂਦੀ),
37537	879	ਮਨੁ ਰਾਤਾ ਸਾਰਿਗਪਾਣੀ॥		Man Raathaa Saarigapaanee ||	My mind is attuned to the Lord of the Universe.	ਗੁਰੂ ਦੀ ਬਾਣੀ ਦੀ ਰਾਹੀਂ ਜਿਸ ਮਨੁੱਖ ਦਾ ਮਨ ਪਰਮਾਤਮਾ (ਦੇ ਪਿਆਰ) ਵਿਚ ਰੰਗਿਆ ਜਾਂਦਾ ਹੈ,

37538	879	ਤਹ ਤੀਰਥ ਵਰਤ ਤਪ ਸਾਰੇ॥		Theh Theerathh Varath Thap Saarae ||	He is my sacred shrine of pilgrimage, fasting and austere self-discipline.	(ਜਿਸ ਆਤਮਕ ਅਵਸਥਾ ਵਿਚ ਉਹ ਪਹੁੰਚਦਾ ਹੈ) ਉਥੇ ਸਾਰੇ ਤੀਰਥ-ਇਸ਼ਨਾਨ ਸਾਰੇ ਵਰਤ ਤੇ ਤਪ ਭੀ ਉਸ ਨੂੰ ਮਿਲਿਆਂ ਬਰਾਬਰ ਹੋ ਜਾਂਦੇ ਹਨ।
37539	879	ਗੁਰ ਮਿਲਿਆ ਹਰਿ ਨਿਸਤਾਰੇ॥੩॥		Gur Miliaa Har Nisathaarae ||3||	The Lord saves, and carries across, those who meet with the Guru. ||3||	ਜੇਹੜਾ ਮਨੁੱਖ ਗੁਰੂ ਨੂੰ ਮਿਲ ਪੈਂਦਾ ਹੈ ਉਸ ਨੂੰ ਪਰਮਾਤਮਾ (ਸੰਸਾਰ-ਸਮੁੰਦਰ ਵਿਚੋਂ) ਪਾਰ ਲੰਘਾ ਲੈਂਦਾ ਹੈ ॥੩॥
37540	879	ਜਹ ਆਪੁ ਗਇਆ ਭਉ ਭਾਗਾ॥		Jeh Aap Gaeiaa Bho Bhaagaa ||	One whose self-conceit is gone, sees his fears run away.	ਜਿਸ ਹਿਰਦੇ ਵਿਚੋਂ ਆਪਾ-ਭਾਵ ਦੂਰ ਹੋ ਗਿਆ, ਉਥੋਂ ਹੋਰ ਸਭ ਡਰ-ਸਹਿਮ ਭੱਜ ਗਿਆ।
37541	879	ਗੁਰ ਚਰਣੀ ਸੇਵਕੁ ਲਾਗਾ॥		Gur Charanee Saevak Laagaa ||	That servant grasps the Guru's feet.	ਉਹ ਸੇਵਕ ਗੁਰੂ ਦੇ ਚਰਨਾਂ ਵਿਚ ਹੀ ਲੀਨ ਹੋ ਗਿਆ।
37542	879	ਗੁਰਿ ਸਤਿਗੁਰਿ ਭਰਮੁ ਚੁਕਾਇਆ॥		Gur Sathigur Bharam Chukaaeiaa ||	The Guru, the True Guru, has expelled my doubts.	ਉਸ ਦੀ (ਮਾਇਆ ਆਦਿਕ ਵਲ ਦੀ ਸਾਰੀ) ਭਟਕਣਾ ਗੁਰੂ ਨੇ ਦੂਰ ਕਰ ਦਿੱਤੀ,
37543	879	ਕਹੁ ਨਾਨਕ ਸਬਦਿ ਮਿਲਾਇਆ॥੪॥੧੦॥		Kahu Naanak Sabadh Milaaeiaa ||4||10||	Says Nanak, I have merged into the Word of the Shabad. ||4||10||	ਨਾਨਕ ਆਖਦਾ ਹੈ- ਜਿਸ ਮਨੁੱਖ ਨੂੰ ਗੁਰੂ ਨੇ ਆਪਣੇ ਸ਼ਬਦ ਵਿਚ ਜੋੜ ਲਿਆ ॥੪॥੧੦॥

37544	879	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	
37545	879	ਛਾਦਨੁ ਭੋਜਨੁ ਮਾਗਤੁ ਭਾਗੈ॥		Shhaadhan Bhojan Maagath Bhaagai ||	He runs around, begging for clothes and food.	(ਪਰ ਜੇਹੜਾ ਜੋਗੀ) ਅੰਨ ਬਸਤ੍ਰ (ਹੀ) ਮੰਗਦਾ ਫਿਰਦਾ ਹੈ,
37546	879	ਖੁਧਿਆ ਦੁਸਟ ਜਲੈ ਦੁਖੁ ਆਗੈ॥	ਖੁੱਧਿਆ	Khudhhiaa Dhusatt Jalai Dhukh Aagai ||	He burns with hunger and corruption, and will suffer in the world hereafter.	ਇਥੇ ਚੰਦਰੀ ਭੁੱਖ (ਦੀ ਅੱਗ) ਵਿਚੋਂ ਸੜਦਾ ਰਹਿੰਦਾ ਹੈ (ਕੋਈ ਆਤਮਕ ਪੂੰਜੀ ਤਾਂ ਬਣਾਂਦਾ ਹੀ ਨਹੀਂ, ਇਸ ਵਾਸਤੇ) ਅਗਾਂਹ (ਪਰਲੋਕ ਵਿਚ ਭੀ) ਦੁੱਖ ਪਾਂਦਾ ਹੈ।
37547	879	ਗੁਰਮਤਿ ਨਹੀ ਲੀਨੀ ਦੁਰਮਤਿ ਪਤਿ ਖੋਈ॥		Guramath Nehee Leenee Dhuramath Path Khoee ||	He does not follow the Guru's Teachings; through his evil-mindedness, he loses his honor.	ਜਿਸ (ਜੋਗੀ) ਨੇ ਗੁਰੂ ਦੀ ਮਤਿ ਨਾਹ ਲਈ ਉਸ ਨੇ ਭੈੜੀ ਮੱਤੇ ਲੱਗ ਕੇ ਆਪਣੀ ਇੱਜ਼ਤ ਗਵਾ ਲਈ।
37548	879	ਗੁਰਮਤਿ ਭਗਤਿ ਪਾਵੈ ਜਨੁ ਕੋਈ॥੧॥		Guramath Bhagath Paavai Jan Koee ||1||	Only through the Guru's Teachings will such a person become devoted. ||1||	ਕੋਈ ਕੋਈ (ਵਡ-ਭਾਗੀ) ਮਨੁੱਖ ਗੁਰੂ ਦੀ ਸਿੱਖਿਆ ਉਤੇ ਤੁਰ ਕੇ ਪਰਮਾਤਮਾ ਦੀ ਭਗਤੀ ਦਾ ਲਾਹਾ ਖੱਟਦਾ ਹੈ ॥੧॥
37549	879	ਜੋਗੀ ਜੁਗਤਿ ਸਹਜ ਘਰਿ ਵਾਸੈ॥		Jogee Jugath Sehaj Ghar Vaasai ||	The way of the Yogi is to dwell in the celestial home of bliss.	ਅਸਲ ਜੋਗੀ ਦੀ ਰਹਿਤ-ਬਹਿਤ ਇਹ ਹੈ ਕਿ ਉਹ ਅਡੋਲਤਾ ਦੇ ਘਰ ਵਿਚ ਟਿਕਿਆ ਰਹਿੰਦਾ ਹੈ (ਉਸ ਦਾ ਮਨ ਸਦਾ ਸ਼ਾਂਤ ਰਹਿੰਦਾ ਹੈ)।

37550	879	ਏਕ ਦ੍ਰਿਸਟਿ ਏਕੋ ਕਰਿ ਦੇਖਿਆ ਭੀਖਿਆ ਭਾਇ ਸਬਦਿ ਤ੍ਰਿਪਤਾਸੈ॥੧॥ਰਹਾਉ ॥		Eaek Dhrisatt Eaeko Kar Dhaekhiaa Bheekhiaa Bhaae Sabadh Thripathaasai ||1|| Rehaao ||	He looks impartially, equally upon all. He receives the charity of the Lord's Love, and the Word of the Shabad, and so he is satisfied. ||1||Pause||	ਉਹ ਸਮਾਨ ਨਿਗਾਹ ਨਾਲ (ਸਭ ਜੀਵਾਂ ਵਿਚ) ਇੱਕ ਪਰਮਾਤਮਾ ਨੂੰ ਹੀ ਰਮਿਆ ਹੋਇਆ ਵੇਖਦਾ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਪ੍ਰੇਮ-ਭਿੱਛਿਆ ਨਾਲ ਆਪਣੀ (ਆਤਮਕ) ਭੁੱਖ ਮਿਟਾਂਦਾ ਹੈ (ਆਪਣੇ ਮਨ ਨੂੰ ਤ੍ਰਿਸ਼ਨਾ ਵਲੋਂ ਬਚਾਈ ਰੱਖਦਾ ਹੈ) ॥੧॥ ਰਹਾਉ ॥
37551	879	ਪੰਚ ਬੈਲ ਗਡੀਆ ਦੇਹ ਧਾਰੀ॥	ਗੱਡੀਆ	Panch Bail Gaddeeaa Dhaeh Dhhaaree ||	The five bulls, the senses, pull the wagon of the body around.	ਮਨੁੱਖਾ ਸਰੀਰ, ਮਾਨੋ, ਇਕ ਨਿੱਕਾ ਜਿਹਾ ਗੱਡਾ ਹੈ ਜਿਸ ਨੂੰ ਪੰਜ (ਗਿਆਨ-ਇੰਦ੍ਰੇ) ਬੈਲ ਚਲਾ ਰਹੇ ਹਨ।
37552	879	ਰਾਮ ਕਲਾ ਨਿਬਹੈ ਪਤਿ ਸਾਰੀ॥	ਪਤਿ:ਪੋਲਾ ਬੋਲੋ	Raam Kalaa Nibehai Path Saaree ||	By the Lord's power, one's honor is preserved.	ਜਿਤਨਾ ਚਿਰ ਇਸ ਵਿਚ ਸਰਬ-ਵਿਆਪਕ ਪ੍ਰਭੂ ਦੀ ਜੋਤਿ-ਸੱਤਾ ਮੌਜੂਦ ਹੈ, ਇਸ ਦਾ ਸਾਰਾ ਆਦਰ ਬਣਿਆ ਰਹਿੰਦਾ ਹੈ।
37553	879	ਧਰ ਤੂਟੀ ਗਾਡੋ ਸਿਰ ਭਾਰਿ॥		Dhhar Thoottee Gaaddo Sir Bhaar ||	But when the axle breaks, the wagon falls and crashes.	(ਜਿਵੇਂ) ਜਦੋਂ ਗੱਡੇ ਦਾ ਧੁਰਾ ਟੁੱਟ ਜਾਂਦਾ ਹੈ ਤਾਂ ਗੱਡਾ ਸਿਰ-ਪਰਨੇ ਹੋ ਜਾਂਦਾ ਹੈ (ਨਕਾਰਾ ਹੋ ਜਾਂਦਾ ਹੈ),

37554	879	ਲਕਰੀ ਬਿਖਰਿ ਜਰੀ ਮੰਝ ਭਾਰਿ॥੨॥	(ਭਾਰਿ)ਚਿਖਾ ਲੱਕਰੀ	Lakaree Bikhar Jaree Manjh Bhaar ||2||	It falls apart, like a pile of logs. ||2||	ਉਸ ਦੀਆਂ ਲੱਕੜਾਂ ਖਿਲਰ ਜਾਂਦੀਆਂ ਹਨ (ਉਸ ਦੇ ਅੰਗ ਵੱਖ ਵੱਖ ਹੋ ਜਾਂਦੇ ਹਨ), ਉਹ ਆਪਣੇ ਵਿਚਲੇ ਲੱਦੇ ਹੋਏ ਭਾਰ ਹੇਠ ਹੀ ਦੱਬਿਆ ਪਿਆ ਗਲ-ਸੜ ਜਾਂਦਾ ਹੈ (ਤਿਵੇਂ ਜਦੋਂ ਗੁਰ-ਸ਼ਬਦ ਦੀ ਅਗਵਾਈ ਤੋਂ ਬਿਨਾ ਗਿਆਨ-ਇੰਦ੍ਰੇ ਆਪ-ਹੁਦਰੇ ਹੋ ਜਾਂਦੇ ਹਨ, ਮਨੁੱਖਾ ਜੀਵਨ ਦੀ ਪੱਧਰੀ ਚਾਲ ਉਲਟ-ਪੁਲਟ ਹੋ ਜਾਂਦੀ ਹੈ, ਸਿਮਰਨ-ਰੂਪ ਧੁਰਾ ਟੁੱਟ ਜਾਂਦਾ ਹੈ, ਆਤਮਕ ਜੀਵਨ ਢਹਿ ਪੈਂਦਾ ਹੈ, ਆਪਣੇ ਹੀ ਕੀਤੇ ਹੋਏ ਕੁਕਰਮਾਂ ਦੇ ਭਾਰ ਹੇਠ ਮਨੁੱਖਾ ਜੀਵਨ ਦੀ ਤਬਾਹੀ ਹੋ ਜਾਂਦੀ ਹੈ। ਜੋਗੀ ਇਸ ਭੇਤ ਨੂੰ ਸਮਝਣ ਦੇ ਥਾਂ ਜੋਗ-ਮਤ ਦੇ ਜਗੋਟਾ ਮੁੰਦ੍ਰਾਂ ਆਦਿਕ ਬਾਹਰਲੇ ਚਿੰਨ੍ਹਾਂ ਵਿਚ ਹੀ ਟਿਕਿਆ ਰਹਿੰਦਾ ਹੈ) ॥੨॥
37555	879	ਗੁਰ ਕਾ ਸਬਦੁ ਵੀਚਾਰਿ ਜੋਗੀ॥		Gur Kaa Sabadh Veechaar Jogee ||	Contemplate the Word of the Guru's Shabad, Yogi.	ਹੇ ਜੋਗੀ! ਤੂੰ ਗੁਰੂ ਦੇ ਸ਼ਬਦ ਨੂੰ ਸਮਝ।

37556	879	ਦੁਖੁ ਸੁਖੁ ਸਮ ਕਰਣਾ ਸੋਗ ਬਿਓਗੀ॥		Dhukh Sukh Sam Karanaa Sog Biougee ||	Look upon pain and pleasure as one and the same, sorrow and separation.	(ਉਸ ਸ਼ਬਦ ਦੀ ਅਗਵਾਈ ਵਿਚ) ਦੁਖ ਸੁਖ ਨੂੰ, ਨਿਰਾਸਤਾ-ਭਰੇ ਗ਼ਮ ਅਤੇ ਆਸਾਂ-ਭਰੇ ਦੁੱਖ ਨੂੰ ਇੱਕ-ਸਮਾਨ ਸਹਾਰਨ (ਦੀ ਜਾਚ ਸਿੱਖ)।
37557	879	ਭੁਗਤਿ ਨਾਮੁ ਗੁਰ ਸਬਦਿ ਬੀਚਾਰੀ॥		Bhugath Naam Gur Sabadh Beechaaree ||	Let your food be contemplative meditation upon the Naam, the Name of the Lord, and the Word of the Guru's Shabad.	ਗੁਰੂ ਦੇ ਸ਼ਬਦ ਵਿਚ ਜੁੜ ਕੇ ਪ੍ਰਭੂ ਦੇ ਨਾਮ ਨੂੰ ਚਿੱਤ ਵਿਚ ਵਸਾ-ਇਹ ਤੇਰਾ ਭੰਡਾਰਾ ਬਣੇ (ਇਹ ਤੇਰੇ ਆਤਮਾ ਦੀ ਖ਼ੁਰਾਕ ਬਣੇ)।
37558	879	ਅਸਥਿਰੁ ਕੰਧੁ ਜਪੈ ਨਿਰੰਕਾਰੀ॥੩॥		Asathhir Kandhh Japai Nirankaaree ||3||	Your wall shall be permanent, by meditating on the Formless Lord. ||3||	ਨਿਰੰਕਾਰ ਦਾ ਨਾਮ ਜਪ, (ਇਸ ਦੀ ਬਰਕਤਿ ਨਾਲ) ਗਿਆਨ ਇੰਦ੍ਰੇ ਵਿਕਾਰਾਂ ਵਲ ਡੋਲਣੋਂ ਬਚੇ ਰਹਿਣਗੇ ॥੩॥
37559	879	ਸਹਜ ਜਗੋਟਾ ਬੰਧਨ ਤੇ ਛੂਟਾ॥	(ਜਗੋਟਾ)ਲੰਗੋਟਾ	Sehaj Jagottaa Bandhhan Thae Shhoottaa ||	Wear the loin-cloth of poise, and be free of entanglements.	ਜਿਸ ਜੋਗੀ ਨੇ ਮਨ ਦੀ ਅਡੋਲਤਾ ਨੂੰ ਆਪਣੇ ਲੱਕ ਨਾਲ ਬੰਨ੍ਹਣ ਵਾਲਾ ਉੱਨ ਦਾ ਰੱਸਾ ਬਣਾ ਲਿਆ ਹੈ, ਉਹ ਮਾਇਆ ਦੇ ਬੰਧਨਾਂ ਤੋਂ ਬਚ ਗਿਆ ਹੈ।
37560	879	ਕਾਮੁ ਕ੍ਰੋਧੁ ਗੁਰ ਸਬਦੀ ਲੂਟਾ॥		Kaam Krodhh Gur Sabadhee Loottaa ||	The Guru's Word shall release you from sexual desire and anger.	ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਨੇ ਕਾਮ ਕ੍ਰੋਧ (ਆਦਿਕ) ਨੂੰ ਵੱਸ ਵਿਚ ਕਰ ਲਿਆ ਹੈ।

37561	879	ਮਨ ਮਹਿ ਮੁੰਦ੍ਰਾ ਹਰਿ ਗੁਰ ਸਰਣਾ॥		Man Mehi Mundhraa Har Gur Saranaa ||	In your mind, let your ear-rings be the Sanctuary of the Guru, the Lord.	ਜੇਹੜਾ ਜੋਗੀ ਪਰਮਾਤਮਾ ਦੀ ਸਰਨ ਗੁਰੂ ਦੀ ਸਰਨ ਪਿਆ ਰਹਿੰਦਾ ਹੈ ਉਸ ਨੇ (ਕੰਨਾਂ ਵਿਚ ਮੁੰਦ੍ਰਾਂ ਪਾਣ ਦੇ ਥਾਂ) ਮਨ ਵਿਚ ਮੁੰਦ੍ਰਾਂ ਪਾ ਲਈਆਂ ਹਨ (ਮਨ ਨੂੰ ਵਿਕਾਰਾਂ ਵਲੋਂ ਬਚਾ ਲਿਆ ਹੈ)।
37562	879	ਨਾਨਕ ਰਾਮ ਭਗਤਿ ਜਨ ਤਰਣਾ॥੪॥੧੧॥		Naanak Raam Bhagath Jan Tharanaa ||4||11||	O Nanak, worshipping the Lord in deep devotion, the humble are carried across. ||4||11||	ਹੇ ਨਾਨਕ! (ਸੰਸਾਰ-ਸਮੁੰਦਰ ਦੇ ਵਿਕਾਰਾਂ ਦੇ ਹੜ੍ਹ ਵਿਚੋਂ) ਉਹੀ ਮਨੁੱਖ ਪਾਰ ਲੰਘਦੇ ਹਨ ਜੋ ਪਰਮਾਤਮਾ ਦੀ ਭਗਤੀ ਕਰਦੇ ਹਨ ॥੪॥੧੧॥
37563	880	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
37564	880	ਰਾਮਕਲੀ ਮਹਲਾ ੩ ਘਰੁ ੧॥		Raamakalee Mehalaa 3 Ghar 1 ||	Raamkalee, Third Mehl, First House:	ਰਾਗ ਰਾਮਕਲੀ, ਘਰ ੧ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।
37565	880	ਸਤਜੁਗਿ ਸਚੁ ਕਹੈ ਸਭੁ ਕੋਈ॥	ਸੱਤਜੁਗਿ	Sathajug Sach Kehai Sabh Koee ||	In the Golden Age of Sat Yuga, everyone spoke the Truth.	ਹੇ ਭਾਈ! ਇਹ ਆਮ ਪ੍ਰਚਲਤ ਖ਼ਿਆਲ ਹੈ ਕਿ ਸਤਜੁਗ ਵਿਚ ਸੱਚ (ਬੋਲਣ ਦੇ ਕਰਮ ਨੂੰ ਪ੍ਰਧਾਨਤਾ) ਹੈ,
37566	880	ਘਰਿ ਘਰਿ ਭਗਤਿ ਗੁਰਮੁਖਿ ਹੋਈ॥		Ghar Ghar Bhagath Guramukh Hoee ||	In each and every home, devotional worship was performed by the people, according to the Guru's Teachings.	ਹਰੇਕ ਘਰ ਵਿਚ (ਸੱਚ ਬੋਲਣਾ ਹੀ ਪ੍ਰਧਾਨ ਹੈ),

37567	880	ਸਤਜੁਗਿ ਧਰਮੁ ਪੈਰ ਹੈ ਚਾਰਿ॥		Sathajug Dhharam Pair Hai Chaar ||	In that Golden Age, Dharma had four feet.	ਅਤੇ ਸਤਜੁਗ ਵਿਚ (ਧਰਤੀ ਨੂੰ ਸਹਾਰਾ ਦੇਣ ਵਾਲਾ) ਧਰਮ (-ਬਲਦ) ਚਾਰ ਪੈਰਾਂ ਵਾਲਾ ਰਹਿੰਦਾ ਹੈ (ਧਰਮ ਮੁਕੰਮਲ ਸਰੂਪ ਵਾਲਾ ਹੁੰਦਾ ਹੈ)।
37568	880	ਗੁਰਮੁਖਿ ਬੂਝੈ ਕੋ ਬੀਚਾਰਿ॥੧॥		Guramukh Boojhai Ko Beechaar ||1||	How rare are those people who, as Gurmukh, contemplate this and understand. ||1||	(ਪਰ, ਹੇ ਭਾਈ!) ਕੋਈ ਵਿਰਲਾ ਮਨੁੱਖ ਗੁਰੂ ਦੀ ਰਾਹੀਂ ਵਿਚਾਰ ਕਰ ਕੇ ਇਹ ਸਮਝਦਾ ਹੈ ਕਿ (ਸਤਜੁਗ ਵਿਚ ਭੀ) ਗੁਰੂ ਦੀ ਸਰਨ ਪੈ ਕੇ ਹੀ ਪ੍ਰਭੂ ਦੀ ਭਗਤੀ ਹੋ ਸਕਦੀ ਹੈ (ਅਤੇ ਸਤਜੁਗ ਵਿਚ ਭੀ ਪਰਮਾਤਮਾ ਦੀ ਭਗਤੀ ਹੀ ਪ੍ਰਧਾਨ ਕਰਮ ਹੈ) ॥੧॥
37569	880	ਜੁਗ ਚਾਰੇ ਨਾਮਿ ਵਡਿਆਈ ਹੋਈ॥		Jug Chaarae Naam Vaddiaaee Hoee ||	In all four ages, the Naam, the Name of the Lord, is glory and greatness.	ਹੇ ਭਾਈ! ਚਹੁੰਆਂ ਹੀ ਜੁਗਾਂ ਵਿਚ ਜੀਵ ਨੂੰ (ਪਰਮਾਤਮਾ ਦੇ) ਨਾਮ ਵਿਚ ਜੁੜਨ ਕਰਕੇ ਹੀ ਇੱਜ਼ਤ ਮਿਲਦੀ ਹੈ।
37570	880	ਜਿ ਨਾਮਿ ਲਾਗੈ ਸੋ ਮੁਕਤਿ ਹੋਵੈ ਗੁਰ ਬਿਨੁ ਨਾਮੁ ਨ ਪਾਵੈ ਕੋਈ॥੧॥ਰਹਾਉ॥		J Naam Laagai So Mukath Hovai Gur Bin Naam N Paavai Koee ||1|| Rehaao ||	One who holds tight to the Naam is liberated; without the Guru, no one obtains the Naam. ||1||Pause||	ਜੇਹੜਾ ਭੀ ਮਨੁੱਖ ਪ੍ਰਭੂ ਦੇ ਨਾਮ ਵਿਚ ਸੁਰਤ ਜੋੜਦਾ ਹੈ, ਉਸ ਨੂੰ ਵਿਕਾਰਾਂ ਤੋਂ ਖ਼ਲਾਸੀ ਮਿਲ ਜਾਂਦੀ ਹੈ। (ਪਰ ਇਹ ਭੀ ਯਾਦ ਰੱਖੋ ਕਿ) ਕੋਈ ਜੀਵ ਭੀ ਗੁਰੂ (ਦੀ ਸਰਨ) ਤੋਂ ਬਿਨਾ (ਪਰਮਾਤਮਾ ਦਾ ਨਾਮ) ਪ੍ਰਾਪਤ ਨਹੀਂ ਕਰ ਸਕਦਾ ॥੧॥ ਰਹਾਉ ॥

37571	880	ਤ੍ਰੈਤੈ ਇਕ ਕਲ ਕੀਨੀ ਦੂਰਿ॥	ਕਲ:ਪੋਲਾ ਬੋਲੋ	Thraethai Eik Kal Keenee Dhoor ||	In the Silver Age of Traytaa Yuga, one leg was removed.	(ਹੇ ਭਾਈ! ਇਹ ਆਮ ਪ੍ਰਚਲਤ ਖ਼ਿਆਲ ਹੈ ਕਿ) ਤ੍ਰੇਤੇ ਜੁਗ ਵਿਚ ਇਕ ਕਲਾ ਦੂਰ ਕਰ ਦਿੱਤੀ ਗਈ (ਧਰਮ-ਬਲਦ ਦਾ ਇੱਕ ਪੈਰ ਨਕਾਰਾ ਹੋ ਗਿਆ)।
37572	880	ਪਾਖੰਡੁ ਵਰਤਿਆ ਹਰਿ ਜਾਣਨਿ ਦੂਰਿ॥		Paakhandd Varathiaa Har Jaanan Dhoor ||	Hypocrisy became prevalent, and people thought that the Lord was far away.	(ਜਗਤ ਵਿਚ) ਪਖੰਡ ਦਾ ਬੋਲ-ਬਾਲਾ ਹੋ ਗਿਆ, ਲੋਕ ਪਰਮਾਤਮਾ ਨੂੰ ਕਿਤੇ ਦੂਰ-ਵੱਸਦਾ ਸਮਝਣ ਲੱਗ ਪਏ।
37573	880	ਗੁਰਮੁਖਿ ਬੂਝੈ ਸੋਝੀ ਹੋਈ॥		Guramukh Boojhai Sojhee Hoee ||	The Gurmukhs still understood and realized;	(ਪਰ, ਹੇ ਭਾਈ!) ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਜੀਵਨ-ਜੁਗਤਿ ਦਾ) ਗਿਆਨ ਪ੍ਰਾਪਤ ਕਰਦਾ ਹੈ, ਉਸ ਨੂੰ ਸਮਝ ਆ ਜਾਂਦੀ ਹੈ,
37574	880	ਅੰਤਰਿ ਨਾਮੁ ਵਸੈ ਸੁਖੁ ਹੋਈ॥੨॥		Anthar Naam Vasai Sukh Hoee ||2||	The Naam abided deep within them, and they were at peace. ||2||	(ਕਿ ਮਿਥੇ ਹੋਏ ਤ੍ਰੇਤੇ ਵਿਚ ਭੀ ਤਦੋਂ ਹੀ) ਸੁਖ ਮਿਲਦਾ ਹੈ ਜੇ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੋਵੇ ॥੨॥
37575	880	ਦੁਆਪੁਰਿ ਦੂਜੈ ਦੁਬਿਧਾ ਹੋਇ॥		Dhuaapur Dhoojai Dhubidhhaa Hoe ||	In the Brass Age of Dwaapur Yuga, duality and double-mindedness arose.	(ਹੇ ਭਾਈ! ਇਹ ਖ਼ਿਆਲ ਆਮ ਪ੍ਰਚਲਤ ਹੈ ਕਿ) ਦੁਆਪੁਰ ਜੁਗ ਵਿਚ ਲੋਕ ਦ੍ਵੈਤ ਵਿਚ ਫਸ ਗਏ।

37576	880	ਭਰਮਿ ਭੁਲਾਨੇ ਜਾਣਹਿ ਦੋਇ॥		Bharam Bhulaanae Jaanehi Dhoe ||	Deluded by doubt, they knew duality.	ਲੋਕਾਂ ਦੇ ਹਿਰਦੇ ਵਿਚ ਵਿਤਕਰਾ ਜ਼ੋਰ ਪਾ ਗਿਆ, ਭਟਕਣਾ ਵਿਚ ਪੈ ਕੇ ਲੋਕ ਕੁਰਾਹੇ ਪੈ ਗਏ, ਮੇਰ-ਤੇਰ ਨੂੰ ਹੀ (ਚੰਗੀ) ਜਾਣਨ ਲੱਗ ਪਏ।
37577	880	ਦੁਆਪੁਰਿ ਧਰਮਿ ਦੁਇ ਪੈਰ ਰਖਾਏ॥		Dhuaapur Dhharam Dhue Pair Rakhaaeae ||	In this Brass Age, Dharma was left with only two feet.	ਦੁਆਪੁਰ ਵਿਚ ਧਰਮ (-ਬਲਦ) ਨੇ (ਆਪਣੇ) ਦੋ ਹੀ ਪੈਰ ਟਿਕਾਏ ਹੋਏ ਸਨ।
37578	880	ਗੁਰਮੁਖਿ ਹੋਵੈ ਤ ਨਾਮੁ ਦ੍ਰਿੜਾਏ॥੩॥		Guramukh Hovai Th Naam Dhrirraaeae ||3||	Those who became Gurmukh implanted the Naam deep within. ||3||	ਪਰ ਜਦੋਂ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਤਦੋਂ ਉਹ (ਇਸ ਕੱਚੇ ਖ਼ਿਆਲ ਨੂੰ ਛੱਡ ਕੇ ਪਰਮਾਤਮਾ ਦਾ) ਨਾਮ ਆਪਣੇ ਹਿਰਦੇ ਵਿਚ ਪੱਕਾ ਬਿਠਾਂਦਾ ਹੈ ॥੩॥
37579	880	ਕਲਜੁਗਿ ਧਰਮ ਕਲਾ ਇਕ ਰਹਾਏ॥		Kalajug Dhharam Kalaa Eik Rehaaeae ||	In the Iron Age of Kali Yuga, Dharma was left with only one power.	(ਹੇ ਭਾਈ! ਆਮ ਤੌਰ ਤੇ ਲੋਕ ਇਹੀ ਮੰਨਦੇ ਹਨ ਕਿ) ਕਲਜੁਗ ਵਿਚ ਧਰਮ ਦੀ ਇਕੋ ਕਲਾ ਰਹਿ ਗਈ ਹੈ।
37580	880	ਇਕ ਪੈਰਿ ਚਲੈ ਮਾਇਆ ਮੋਹੁ ਵਧਾਏ॥		Eik Pair Chalai Maaeiaa Mohu Vadhhaaeae ||	It walks on just one foot; love and emotional attachment to Maya have increased.	(ਧਰਮ-ਬਲਦ) ਇਕੋ ਪੈਰ ਦੇ ਭਾਰ ਤੁਰਦਾ ਹੈ, (ਜਗਤ ਵਿਚ) ਮਾਇਆ (ਜੀਵਾਂ ਦੇ ਹਿਰਦੇ ਵਿਚ ਆਪਣਾ) ਮੋਹ ਵਧਾ ਰਹੀ ਹੈ।
37581	880	ਮਾਇਆ ਮੋਹੁ ਅਤਿ ਗੁਬਾਰੁ॥		Maaeiaa Mohu Ath Gubaar ||	Love and emotional attachment to Maya bring total darkness.	(ਦੁਨੀਆ ਵਿਚ) ਮਾਇਆ ਦਾ ਮੋਹ ਘੁੱਪ ਹਨੇਰਾ ਬਣਿਆ ਪਿਆ ਹੈ।

37582	880	ਸਤਗੁਰੁ ਭੇਟੈ ਨਾਮਿ ਉਧਾਰੁ॥੪॥		Sathagur Bhaettai Naam Oudhhaar ||4||	If someone meets the True Guru, he is saved, through the Naam, the Name of the Lord. ||4||	(ਪਰ, ਹੇ ਭਾਈ! ਜਿਸ ਮਨੁੱਖ ਨੂੰ) ਗੁਰੂ ਮਿਲ ਪੈਂਦਾ ਹੈ, ਉਸ ਨੂੰ ਪ੍ਰਭੂ ਦੇ ਨਾਮ ਵਿਚ ਜੋੜ ਕੇ (ਕਲਜੁਗ ਵਿਚ ਭੀ ਮਾਇਆ ਦੇ ਘੁੱਪ ਹਨੇਰੇ ਤੋਂ) ਬਚਾ ਲੈਂਦਾ ਹੈ ॥੪॥
37583	880	ਸਭ ਜੁਗ ਮਹਿ ਸਾਚਾ ਏਕੋ ਸੋਈ॥		Sabh Jug Mehi Saachaa Eaeko Soee ||	Throughout the ages, there is only the One True Lord.	ਹੇ ਭਾਈ! ਸਾਰੇ ਜੁਗਾਂ ਵਿਚ ਉਹ ਪਰਮਾਤਮਾ ਹੀ ਸਦਾ ਕਾਇਮ ਰਹਿਣ ਵਾਲਾ ਹੈ।
37584	880	ਸਭ ਮਹਿ ਸਚੁ ਦੂਜਾ ਨਹੀ ਕੋਈ॥		Sabh Mehi Sach Dhoojaa Nehee Koee ||	Among all, is the True Lord; there is no other at all.	ਸਭ ਜੀਵਾਂ ਵਿਚ ਭੀ ਉਹ ਸਦਾ-ਥਿਰ ਪ੍ਰਭੂ ਹੀ ਵੱਸਦਾ ਹੈ, ਉਸ ਤੋਂ ਬਿਨਾ ਕਿਤੇ ਭੀ ਕੋਈ ਹੋਰ ਨਹੀਂ ਹੈ।
37585	880	ਸਾਚੀ ਕੀਰਤਿ ਸਚੁ ਸੁਖੁ ਹੋਈ॥		Saachee Keerath Sach Sukh Hoee ||	Praising the True Lord, true peace is attained.	(ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦੀ) ਸਦਾ ਕਾਇਮ ਰਹਿਣ ਵਾਲੀ ਵਡਿਆਈ ਵੱਸਦੀ ਹੈ, ਉਸ ਨੂੰ ਹਰੇਕ ਸੁਖ ਪ੍ਰਾਪਤ ਹੈ।
37586	880	ਗੁਰਮੁਖਿ ਨਾਮੁ ਵਖਾਣੈ ਕੋਈ॥੫॥		Guramukh Naam Vakhaanai Koee ||5||	How rare are those, who as Gurmukh, chant the Naam. ||5||	(ਪਰ, ਹਾਂ) ਗੁਰੂ ਦੀ ਸਰਨ ਪੈ ਕੇ ਹੀ ਮਨੁੱਖ ਪਰਮਾਤਮਾ ਦਾ ਨਾਮ ਜਪ ਸਕਦਾ ਹੈ ॥੫॥
37587	880	ਸਭ ਜੁਗ ਮਹਿ ਨਾਮੁ ਊਤਮੁ ਹੋਈ॥		Sabh Jug Mehi Naam Ootham Hoee ||	Throughout all the ages, the Naam is the ultimate, the most sublime.	ਹੇ ਭਾਈ! ਸਾਰੇ ਜੁਗਾਂ ਵਿਚ ਪ੍ਰਭੂ ਦਾ ਨਾਮ ਜਪਣਾ ਹੀ (ਸਭ ਕਰਮਾਂ ਤੋਂ) ਸ੍ਰੇਸ਼ਟ ਕਰਮ ਹੈ-
37588	880	ਗੁਰਮੁਖਿ ਵਿਰਲਾ ਬੂਝੈ ਕੋਈ॥		Guramukh Viralaa Boojhai Koee ||	How rare are those, who as Gurmukh, understand this.	ਇਸ ਗੱਲ ਨੂੰ ਕੋਈ ਉਹ ਵਿਰਲਾ ਮਨੁੱਖ ਸਮਝਦਾ ਹੈ ਜੋ ਗੁਰੂ ਦੀ ਸਰਨ ਪੈਂਦਾ ਹੈ।

37589	880	ਹਰਿ ਨਾਮੁ ਧਿਆਏ ਭਗਤੁ ਜਨੁ ਸੋਈ॥		Har Naam Dhhiaaeae Bhagath Jan Soee ||	One who meditates on the Lord's Name is a humble devotee.	(ਜੁਗ ਕੋਈ ਭੀ ਹੋਵੇ) ਉਹੀ ਮਨੁੱਖ ਭਗਤ ਹੈ ਜੇਹੜਾ ਪਰਮਾਤਮਾ ਦਾ ਨਾਮ ਜਪਦਾ ਹੈ।
37590	880	ਨਾਨਕ ਜੁਗਿ ਜੁਗਿ ਨਾਮਿ ਵਡਿਆਈ ਹੋਈ॥੬॥੧॥		Naanak Jug Jug Naam Vaddiaaee Hoee ||6||1||	O Nanak, in each and every age, the Naam is glory and greatness. ||6||1||	ਹੇ ਨਾਨਕ! (ਇਹ ਗੱਲ ਪੱਕੀ ਜਾਣ ਕਿ) ਹਰੇਕ ਜੁਗ ਵਿਚ ਪ੍ਰਭੂ ਦੇ ਨਾਮ ਦੀ ਬਰਕਤ ਨਾਲ ਹੀ ਇੱਜ਼ਤ ਮਿਲਦੀ ਹੈ ॥੬॥੧॥
37591	880	ਰਾਮਕਲੀ ਮਹਲਾ ੪ ਘਰੁ ੧		Raamakalee Mehalaa 4 Ghar 1	Raamkalee, Fourth Mehl, First House:	ਰਾਗ ਰਾਮਕਲੀ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
37592	880	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
37593	880	ਜੇ ਵਡਭਾਗ ਹੋਵਹਿ ਵਡਭਾਗੀ ਤਾ ਹਰਿ ਹਰਿ ਨਾਮੁ ਧਿਆਵੈ॥		Jae Vadd Bhaag Hovehi Vaddabhaagee Thaa Har Har Naam Dhhiaavai ||	If someone is very fortunate, and is blessed with great high destiny, then he meditates on the Name of the Lord, Har, Har.	ਜੇ ਕੋਈ ਮਨੁੱਖ ਭਾਗਾਂ ਵਾਲਾ ਹੋਵੇ, ਜੇ ਕਿਸੇ ਮਨੁੱਖ ਦੇ ਵੱਡੇ ਭਾਗ ਹੋ ਜਾਣ, ਤਾਂ ਉਹ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਹੈ।

37594	880	ਨਾਮੁ ਜਪਤ ਨਾਮੇ ਸੁਖੁ ਪਾਵੈ ਹਰਿ ਨਾਮੇ ਨਾਮਿ ਸਮਾਵੈ॥੧॥		Naam Japath Naamae Sukh Paavai Har Naamae Naam Samaavai ||1||	Chanting the Naam, the Name of the Lord, he finds peace, and merges in the Naam. ||1||	ਨਾਮ ਜਪਣ ਨਾਲ ਉਹ ਮਨੁੱਖ ਨਾਮ ਵਿਚ ਹੀ ਆਨੰਦ ਪ੍ਰਾਪਤ ਕਰਦਾ ਹੈ, ਪ੍ਰਭੂ ਦੇ ਨਾਮ ਵਿਚ ਹੀ ਲੀਨ ਰਹਿੰਦਾ ਹੈ ॥੧॥
37595	880	ਗੁਰਮੁਖਿ ਭਗਤਿ ਕਰਹੁ ਸਦ ਪ੍ਰਾਣੀ॥	ਸਦ:ਪੋਲਾ ਬੋਲੋ	Guramukh Bhagath Karahu Sadh Praanee ||	O mortal, as Gurmukh, worship the Lord in devotion forever.	ਹੇ ਭਾਈ! ਗੁਰੂ ਦੀ ਸਰਨ ਪੈ ਕੇ (ਗੁਰੂ ਦੇ ਦੱਸੇ ਹੋਏ ਜੀਵਨ-ਰਾਹ ਉਤੇ ਤੁਰ ਕੇ) ਸਦਾ ਪਰਮਾਤਮਾ ਦੀ ਭਗਤੀ ਕਰਿਆ ਕਰੋ।
37596	880	ਹਿਰਦੈ ਪ੍ਰਗਾਸੁ ਹੋਵੈ ਲਿਵ ਲਾਗੈ ਗੁਰਮਤਿ ਹਰਿ ਹਰਿ ਨਾਮਿ ਸਮਾਣੀ॥੧॥ਰਹਾਉ॥		Hiradhai Pragaas Hovai Liv Laagai Guramath Har Har Naam Samaanee ||1|| Rehaao ||	Your heart shall be illumined; through the Guru's Teachings,lovingly attune yourself to the Lord. You shall merge in the Name of the Lord,Har, Har. ||1||Pause||	(ਭਗਤੀ ਦੀ ਬਰਕਤਿ ਨਾਲ) ਹਿਰਦੇ ਵਿਚ (ਉੱਚੇ ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ, (ਪਰਮਾਤਮਾ ਦੇ ਚਰਨਾਂ ਵਿਚ) ਸੁਰਤ ਜੁੜ ਜਾਂਦੀ ਹੈ, ਗੁਰੂ ਦੇ ਉਪਦੇਸ਼ ਨਾਲ ਪਰਮਾਤਮਾ ਦੇ ਨਾਮ ਵਿਚ ਲੀਨਤਾ ਹੋ ਜਾਂਦੀ ਹੈ ॥੧॥ ਰਹਾਉ ॥
37597	880	ਹੀਰਾ ਰਤਨ ਜਵੇਹਰ ਮਾਣਕ ਬਹੁ ਸਾਗਰ ਭਰਪੂਰੁ ਕੀਆ॥		Heeraa Rathan Javaehar Maanak Bahu Saagar Bharapoor Keeaa ||	The Great Giver is filled with diamonds, emeralds, rubies and pearls;	(ਪਰਮਾਤਮਾ ਦੇ ਗੁਣ, ਮਾਨੋ,) ਹੀਰੇ ਰਤਨ ਜਵਾਹਰ ਮੋਤੀ ਹਨ। (ਪਰਮਾਤਮਾ ਨੇ ਹਰੇਕ ਮਨੁੱਖ ਦਾ) ਹਿਰਦਾ-ਸਰੋਵਰ ਇਹਨਾਂ ਨਾਲ ਨਕਾ-ਨਕ ਭਰ ਰੱਖਿਆ ਹੋਇਆ ਹੈ।

37598	880	ਜਿਸੁ ਵਡਭਾਗੁ ਹੋਵੈ ਵਡ ਮਸਤਕਿ ਤਿਨਿ ਗੁਰਮਤਿ ਕਢਿ ਕਢਿ ਲੀਆ॥੨॥	ਸਤਿਗੁਰੂ ਗ੍ਰੰਥ ਸਾਹਿਬ ਜੀ ਰੂਪੀ ਖ਼ਾਨ ਚੋਂ(ਕਢਿ)ਕੱਢ। (ਕਢਿ)ਕੱਢ ਲਿਆ	Jis Vadd Bhaag Hovai Vadd Masathak Thin Guramath Kadt Kadt Leeaa ||2||	One who has good fortune and great destiny inscribed upon his forehead, digs them out, by following the Guru's Teachings. ||2||	(ਪਰ ਸਿਰਫ਼) ਉਸ ਮਨੁੱਖ ਨੇ ਹੀ ਗੁਰੂ ਦੇ ਉਪਦੇਸ਼ ਦੀ ਬਰਕਤ ਨਾਲ ਇਹਨਾਂ ਨੂੰ (ਅੰਦਰ ਲੁਕੇ ਪਿਆਂ ਨੂੰ) ਕੱਢ ਕੇ ਸਾਂਭਿਆ ਹੈ, ਜਿਸ ਦੇ ਮੱਥੇ ਉਤੇ ਵੱਡੇ ਭਾਗ ਜਾਗ ਪਏ ਹਨ ॥੨॥
37599	880	ਰਤਨੁ ਜਵੇਹਰੁ ਲਾਲੁ ਹਰਿ ਨਾਮਾ ਗੁਰਿ ਕਾਢਿ ਤਲੀ ਦਿਖਲਾਇਆ॥		Rathan Javaehar Laal Har Naamaa Gur Kaadt Thalee Dhikhalaaeiaa ||	The Lord's Name is the jewel, the emerald, the ruby; digging it out, the Guru has placed it in your palm.	(ਹੇ ਭਾਈ!) ਪਰਮਾਤਮਾ ਦਾ ਨਾਮ ਰਤਨ ਜਵਾਹਰ ਲਾਲ (ਵਰਗਾ ਕੀਮਤੀ) ਹੈ (ਹਰੇਕ ਮਨੁੱਖ ਦੇ ਅੰਦਰ ਲੁਕਿਆ ਪਿਆ ਹੈ। ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਨੂੰ) ਗੁਰੂ ਨੇ (ਉਸ ਦੇ ਅੰਦਰੋਂ ਹੀ) ਕੱਢ ਕੇ (ਉਸ ਦੀ) ਤਲੀ ਉਤੇ (ਰੱਖ ਕੇ) ਵਿਖਾ ਦਿੱਤਾ ਹੈ।
37600	880	ਭਾਗਹੀਣ ਮਨਮੁਖਿ ਨਹੀ ਲੀਆ ਤ੍ਰਿਣ ਓਲੈ ਲਾਖੁ ਛਪਾਇਆ॥੩॥	ਵਿਸ਼ੇ ਰੂਪੀ(ਤ੍ਰਿਣ)ਕੱਖ। (ਲਾਖੁ)ਲੱਖਾਂ ਦੀ ਕੀਮਤ ਦਾ (ਲਾਖੁ)ਨਾਮੁ	Bhaageheen Manamukh Nehee Leeaa Thrin Oulai Laakh Shhapaaeiaa ||3||	The unfortunate, self-willed manmukh does not obtain it; this priceless jewel remains hidden behind a curtain of straw. ||3||	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮੰਦ-ਭਾਗੀ ਮਨੁੱਖ ਨੇ ਉਹ ਰਤਨ ਨਹੀਂ ਲੱਭਾ, (ਉਸ ਦੇ ਭਾ ਦਾ ਤਾਂ) ਲੱਖ ਰੁਪਇਆ ਤੀਲੇ ਦੇ ਉਹਲੇ ਲੁਕਿਆ ਪਿਆ ਹੈ ॥੩॥

37601	880	ਮਸਤਕਿ ਭਾਗੁ ਹੋਵੈ ਧੁਰਿ ਲਿਖਿਆ ਤਾ ਸਤਗੁਰੁ ਸੇਵਾ ਲਾਏ॥		Masathak Bhaag Hovai Dhhur Likhiaa Thaa Sathagur Saevaa Laaeae ||	If such pre-ordained destiny is written upon one's forehead, then the True Guru enjoins him to serve Him.	(ਹੇ ਭਾਈ!) ਜੇ ਧੁਰ-ਦਰਗਾਹ ਤੋਂ ਲਿਖਿਆ ਹੋਇਆ ਲੇਖ ਕਿਸੇ ਮਨੁੱਖ ਦੇ ਮੱਥੇ ਉੱਤੇ ਜਾਗ ਪਏ ਤਾਂ ਗੁਰੂ ਉਸ ਨੂੰ ਪ੍ਰਭੂ ਦੀ ਭਗਤੀ ਵਿਚ ਜੋੜ ਦੇਂਦਾ ਹੈ।
37602	880	ਨਾਨਕ ਰਤਨ ਜਵੇਹਰ ਪਾਵੈ ਧਨੁ ਧਨੁ ਗੁਰਮਤਿ ਹਰਿ ਪਾਏ॥੪॥੧॥		Naanak Rathan Javaehar Paavai Dhhan Dhhan Guramath Har Paaeae ||4||1||	O Nanak, then he obtains the jewel, the gem; blessed, blessed is that one who follows the Guru's Teachings, and finds the Lord. ||4||1||	ਹੇ ਨਾਨਕ! (ਉਹ ਮਨੁੱਖ ਅੰਦਰ ਲੁਕੇ ਪਏ ਦੇ ਗੁਣ-ਰੂਪ) ਰਤਨ ਜਵਾਹਰ ਲੱਭ ਲੈਂਦਾ ਹੈ, ਉਹ ਮਨੁੱਖ ਭਾਗਾਂ ਵਾਲਾ ਹੋ ਜਾਂਦਾ ਹੈ, ਗੁਰੂ ਦੀ ਮਤਿ ਲੈ ਕੇ ਉਹ ਮਨੁੱਖ ਪਰਮਾਤਮਾ ਦਾ ਮਿਲਾਪ ਹਾਸਲ ਕਰ ਲੈਂਦਾ ਹੈ ॥੪॥੧॥
37603	880	ਰਾਮਕਲੀ ਮਹਲਾ ੪॥		Raamakalee Mehalaa 4 ||	Raamkalee, Fourth Mehl:	
37604	880	ਰਾਮ ਜਨਾ ਮਿਲਿ ਭਇਆ ਅਨੰਦਾ ਹਰਿ ਨੀਕੀ ਕਥਾ ਸੁਨਾਇ॥		Raam Janaa Mil Bhaeiaa Anandhaa Har Neekee Kathhaa Sunaae ||	Meeting with the humble servants of the Lord, I am in ecstasy; they preach the sublime sermon of the Lord.	ਹੇ ਭਾਈ! ਪ੍ਰਭੂ ਦੇ ਸੇਵਕਾਂ ਨੂੰ ਮਿਲ ਕੇ (ਮਨ ਵਿਚ) ਆਨੰਦ ਪੈਦਾ ਹੁੰਦਾ ਹੈ। (ਪ੍ਰਭੂ ਦਾ ਸੇਵਕ) ਪ੍ਰਭੂ ਦੀ ਸੋਹਣੀ ਸਿਫ਼ਤਿ-ਸਾਲਾਹ ਸੁਣਾ ਕੇ (ਸੁਣਨ ਵਾਲੇ ਦੇ ਹਿਰਦੇ ਵਿਚ ਆਨੰਦ ਪੈਦਾ ਕਰ ਦੇਂਦਾ ਹੈ)।

37605	880	ਦੁਰਮਤਿ ਮੈਲੁ ਗਈ ਸਭ ਨੀਕਲਿ ਸਤਸੰਗਤਿ ਮਿਲਿ ਬੁਧਿ ਪਾਇ॥੧॥		Dhuramath Mail Gee Sabh Neekal Sathasangath Mil Budhh Paae ||1||	The filth of evil-mindedness is totally washed away; joining the Sat Sangat, the True Congregation, one is blessed with understanding. ||1||	ਸਾਧ ਸੰਗਤਿ ਵਿਚ ਮਿਲ ਕੇ ਮਨੁੱਖ (ਸ੍ਰੇਸ਼ਟ) ਅਕਲ ਸਿੱਖ ਲੈਂਦਾ ਹੈ, (ਉਸ ਦੇ ਅੰਦਰੋਂ) ਭੈੜੀ ਮਤਿ ਵਾਲੀ ਸਾਰੀ ਮੈਲ ਦੂਰ ਹੋ ਜਾਂਦੀ ਹੈ ॥੧॥
37606	881	ਰਾਮ ਜਨ ਗੁਰਮਤਿ ਰਾਮੁ ਬੋਲਾਇ॥		Raam Jan Guramath Raam Bolaae ||	O humble servant of the Lord, follow the Guru's Teachings, and chant the Name of the Lord.	ਹੇ ਪ੍ਰਭੂ ਦੇ ਭਗਤ-ਜਨੋ! (ਮੈਨੂੰ) ਗੁਰੂ ਦੀ ਸਿਖਿਆ ਦੇ ਕੇ ਪ੍ਰਭੂ ਦਾ ਨਾਮ ਸਿਮਰਨ ਲਈ ਮਦਦ ਕਰੋ।
37607	881	ਜੋ ਜੋ ਸੁਣੈ ਕਹੈ ਸੋ ਮੁਕਤਾ ਰਾਮ ਜਪਤ ਸੋਹਾਇ॥੧॥ਰਹਾਉ॥		Jo Jo Sunai Kehai So Mukathaa Raam Japath Sohaae ||1|| Rehaao ||	Whoever hears and speaks it is liberated; chanting the Lord's Name, one is embellished with beauty. ||1||Pause||	ਜੇਹੜਾ ਜੇਹੜਾ ਮਨੁੱਖ ਪ੍ਰਭੂ ਦਾ ਨਾਮ ਸੁਣਦਾ ਹੈ (ਜਾਂ) ਉਚਾਰਦਾ ਹੈ, ਉਹ (ਦੁਰਮਤਿ ਤੋਂ) ਸੁਤੰਤਰ ਹੋ ਜਾਂਦਾ ਹੈ। ਪ੍ਰਭੂ ਦਾ ਨਾਮ ਜਪ ਜਪ ਕੇ ਉਹ ਸੋਹਣੇ ਜੀਵਨ ਵਾਲਾ ਬਣ ਜਾਂਦਾ ਹੈ ॥੧॥ ਰਹਾਉ ॥
37608	881	ਜੇ ਵਡਭਾਗ ਹੋਵਹਿ ਮੁਖਿ ਮਸਤਕਿ ਹਰਿ ਰਾਮ ਜਨਾ ਭੇਟਾਇ॥		Jae Vadd Bhaag Hovehi Mukh Masathak Har Raam Janaa Bhaettaae ||	If someone has supremely high destiny written on his forehead, the Lord leads him to meet the humble servants of the Lord.	ਹੇ ਭਾਈ! ਜੇ ਕਿਸੇ ਮਨੁੱਖ ਦੇ ਮੱਥੇ ਉਤੇ ਚੰਗੇ ਭਾਗ ਜਾਗ ਪੈਣ, ਤਾਂ ਪਰਮਾਤਮਾ ਉਸ ਨੂੰ ਸੰਤ ਜਨਾਂ ਨਾਲ ਮਿਲਾਂਦਾ ਹੈ।

37609	881	ਦਰਸਨੁ ਸੰਤ ਦੇਹੁ ਕਰਿ ਕਿਰਪਾ ਸਭੁ ਦਾਲਦੁ ਦੁਖੁ ਲਹਿ ਜਾਇ॥੨॥		Dharasan Santh Dhaehu Kar Kirapaa Sabh Dhaaladh Dhukh Lehi Jaae ||2||	Be merciful, and grant me the Blessed Vision of the Saints' Darshan, which shall rid me of all poverty and pain. ||2||	ਹੇ ਪ੍ਰਭੂ! ਕਿਰਪਾ ਕਰ ਕੇ (ਮੈਨੂੰ) ਸੰਤ ਜਨਾਂ ਦਾ ਦਰਸ਼ਨ ਬਖ਼ਸ਼, (ਸੰਤ ਜਨਾਂ ਦਾ ਦਰਸ਼ਨ ਕਰ ਕੇ) ਸਾਰਾ ਦਰਿੱਦਰ ਦੁੱਖ ਦੂਰ ਹੋ ਜਾਂਦਾ ਹੈ ॥੨॥
37610	881	ਹਰਿ ਕੇ ਲੋਗ ਰਾਮ ਜਨ ਨੀਕੇ ਭਾਗਹੀਣ ਨ ਸੁਖਾਇ॥		Har Kae Log Raam Jan Neekae Bhaageheen N Sukhaae ||	The Lord's people are good and sublime; the unfortunate ones do not like them at all.	ਹੇ ਭਾਈ! ਪ੍ਰਭੂ ਦੀ ਭਗਤੀ ਕਰਨ ਵਾਲੇ ਬੰਦੇ ਸੋਹਣੇ (ਜੀਵਨ ਵਾਲੇ) ਹੁੰਦੇ ਹਨ, ਪਰ ਮੰਦ-ਭਾਗੀ ਮਨੁੱਖਾਂ ਨੂੰ (ਉਹਨਾਂ ਦਾ ਦਰਸ਼ਨ) ਚੰਗਾ ਨਹੀਂ ਲੱਗਦਾ।
37611	881	ਜਿਉ ਜਿਉ ਰਾਮ ਕਹਹਿ ਜਨ ਊਚੇ ਨਰ ਨਿੰਦਕ ਡੰਸੁ ਲਗਾਇ॥੩॥		Jio Jio Raam Kehehi Jan Oochae Nar Nindhak Ddans Lagaae ||3||	The more the Lord's exalted servants speak of Him, the more the slanderers attack and sting them. ||3||	ਹੇ ਭਾਈ! ਸੰਤ ਜਨ ਜਿਉਂ ਜਿਉਂ ਹਰਿ-ਨਾਮ ਸਿਮਰਦੇ ਹਨ, ਤਿਉਂ ਤਿਉਂ ਉੱਚੇ ਜੀਵਨ ਵਾਲੇ ਬਣਦੇ ਜਾਂਦੇ ਹਨ, ਪਰ ਉਹਨਾਂ ਦੀ ਨਿੰਦਾ ਕਰਨ ਵਾਲਿਆਂ ਨੂੰ ਉਹਨਾਂ ਦਾ ਜੀਵਨ ਇਉਂ ਲੱਗਦਾ ਹੈ ਜਿਵੇਂ ਡੰਗ ਵੱਜ ਜਾਂਦਾ ਹੈ ॥੩॥
37612	881	ਧ੍ਰਿਗੁ ਧ੍ਰਿਗੁ ਨਰ ਨਿੰਦਕ ਜਿਨ ਜਨ ਨਹੀ ਭਾਏ ਹਰਿ ਕੇ ਸਖਾ ਸਖਾਇ॥		Dhhrig Dhhrig Nar Nindhak Jin Jan Nehee Bhaaeae Har Kae Sakhaa Sakhaae ||	Cursed, cursed are the slanderers who do not like the humble, the friends and companions of the Lord.	ਹੇ ਭਾਈ! ਨਿੰਦਕ ਮਨੁੱਖ ਫਿਟਕਾਰ-ਜੋਗ (ਜੀਵਨ ਵਾਲੇ) ਹੋ ਜਾਂਦੇ ਹਨ, ਕਿਉਂਕਿ ਉਹਨਾਂ ਨੂੰ ਪਰਮਾਤਮਾ ਦੇ ਚਰਨਾਂ ਵਿਚ ਜੁੜੇ ਰਹਿਣ ਵਾਲੇ ਸੰਤ ਜਨ ਚੰਗੇ ਨਹੀਂ ਲੱਗਦੇ।

37613	881	ਸੇ ਹਰਿ ਕੇ ਚੋਰ ਵੇਮੁਖ ਮੁਖ ਕਾਲੇ ਜਿਨ ਗੁਰ ਕੀ ਪੈਜ ਨ ਭਾਇ॥੪॥		Sae Har Kae Chor Vaemukh Mukh Kaalae Jin Gur Kee Paij N Bhaae ||4||	Those who do not like the honor and glory of the Guru are faithless, black-faced thieves, who have turned their backs on the Lord. ||4||	ਜਿਨ੍ਹਾਂ ਮਨੁੱਖਾਂ ਨੂੰ ਗੁਰੂ ਦੀ ਇੱਜ਼ਤ (ਹੁੰਦੀ) ਪਸੰਦ ਨਹੀਂ ਆਉਂਦੀ, ਉਹ ਗੁਰੂ ਵਲੋਂ ਮੂੰਹ ਮੋੜੀ ਰੱਖਦੇ ਹਨ, ਉਹ ਰੱਬ ਦੇ ਭੀ ਚੋਰ ਬਣ ਜਾਂਦੇ ਹਨ (ਪ੍ਰਭੂ ਨੂੰ ਭੀ ਮੂੰਹ ਦੇਣ-ਜੋਗੇ ਨਹੀਂ ਰਹਿੰਦੇ, ਵਿਕਾਰਾਂ ਦੇ ਕਾਰਨ) ਉਹ ਭ੍ਰਿਸ਼ਟੇ ਹੋਏ ਮੂੰਹ ਵਾਲੇ ਹੋ ਜਾਂਦੇ ਹਨ ॥੪॥
37614	881	ਦਇਆ ਦਇਆ ਕਰਿ ਰਾਖਹੁ ਹਰਿ ਜੀਉ ਹਮ ਦੀਨ ਤੇਰੀ ਸਰਣਾਇ॥		Dhaeiaa Dhaeiaa Kar Raakhahu Har Jeeo Ham Dheen Thaeree Saranaae ||	Have mercy, have mercy, please save me, Dear Lord. I am meek and humble - I seek Your protection.	ਹੇ ਪ੍ਰਭੂ! ਅਸੀਂ ਗਰੀਬ (ਜੀਵ) ਤੇਰੀ ਸਰਨ ਆਏ ਹਾਂ, ਕਿਰਪਾ ਕਰ ਕੇ (ਸਾਨੂੰ ਆਪਣੀ) ਸਰਨ ਵਿਚ ਰੱਖੀ ਰੱਖੋ।
37615	881	ਹਮ ਬਾਰਿਕ ਤੁਮ ਪਿਤਾ ਪ੍ਰਭ ਮੇਰੇ ਜਨ ਨਾਨਕ ਬਖਸਿ ਮਿਲਾਇ॥੫॥੨॥		Ham Baarik Thum Pithaa Prabh Maerae Jan Naanak Bakhas Milaae ||5||2||	I am Your child, and You are my father, God. Please forgive servant Nanak and merge him with Yourself. ||5||2||	ਹੇ ਮੇਰੇ ਪ੍ਰਭੂ! ਤੂੰ ਸਾਡਾ ਪਿਤਾ ਹੈਂ, ਅਸੀਂ ਤੇਰੇ ਬੱਚੇ ਹਾਂ। ਦਾਸ ਨਾਨਕ ਉਤੇ ਬਖ਼ਸ਼ਸ਼ ਕਰ ਕੇ ਆਪਣੇ ਚਰਨਾਂ ਵਿਚ ਟਿਕਾਈ ਰੱਖ ॥੫॥੨॥
37616	881	ਰਾਮਕਲੀ ਮਹਲਾ ੪॥		Raamakalee Mehalaa 4 ||	Raamkalee, Fourth Mehl:	

37617	881	ਹਰਿ ਕੇ ਸਖਾ ਸਾਧ ਜਨ ਨੀਕੇ ਤਿਨ ਊਪਰਿ ਹਾਥੁ ਵਤਾਵੈ॥		Har Kae Sakhaa Saadhh Jan Neekae Thin Oopar Haathh Vathaavai ||	The friends of the Lord, the humble, Holy Saints are sublime; the Lord spreads out His protecting hands above them.	ਹੇ ਭਾਈ! ਪ੍ਰਭੂ ਦੇ ਚਰਨਾਂ ਵਿਚ ਸਦਾ ਰਹਿਣ ਵਾਲੇ ਸਾਧੂ ਜਨ ਸੋਹਣੇ ਜੀਵਨ ਵਾਲੇ ਹੁੰਦੇ ਹਨ, ਪ੍ਰਭੂ ਆਪ ਉਹਨਾਂ ਉਤੇ ਕਿਰਪਾ ਦਾ ਹੱਥ ਰੱਖਦਾ ਹੈ।
37618	881	ਗੁਰਮੁਖਿ ਸਾਧ ਸੇਈ ਪ੍ਰਭ ਭਾਏ ਕਰਿ ਕਿਰਪਾ ਆਪਿ ਮਿਲਾਵੈ॥੧॥		Guramukh Saadhh Saeee Prabh Bhaaeae Kar Kirapaa Aap Milaavai ||1||	The Gurmukhs are the Holy Saints, pleasing to God; in His mercy, He blends them with Himself. ||1||	ਗੁਰੂ ਦੀ ਸਰਨ ਰਹਿਣ ਵਾਲੇ ਉਹੀ ਸਾਧੂ-ਜਨ ਪ੍ਰਭੂ ਨੂੰ ਪਿਆਰੇ ਲੱਗਦੇ ਹਨ। ਪ੍ਰਭੂ ਆਪਣੀ ਮੇਹਰ ਕਰ ਕੇ ਆਪ (ਉਹਨਾਂ ਨੂੰ ਆਪਣੇ ਚਰਨਾਂ ਵਿਚ) ਜੋੜੀ ਰੱਖਦਾ ਹੈ ॥੧॥
37619	881	ਰਾਮ ਮੋਕਉ ਹਰਿ ਜਨ ਮੇਲਿ ਮਨਿ ਭਾਵੈ॥		Raam Mo Ko Har Jan Mael Man Bhaavai ||	O Lord, my mind longs to meet with the humble servants of the Lord.	ਹੇ ਮੇਰੇ ਰਾਮ! ਮੈਨੂੰ ਆਪਣੇ ਸੰਤ ਜਨ ਮਿਲਾ, (ਮੇਰੇ) ਮਨ ਵਿਚ ਇਹੀ ਤਾਂਘ ਹੈ।
37620	881	ਅਮਿਉ ਅਮਿਉ ਹਰਿ ਰਸੁ ਹੈ ਮੀਠਾ ਮਿਲਿ ਸੰਤ ਜਨਾ ਮੁਖਿ ਪਾਵੈ॥੧॥ਰਹਾਉ॥		Amio Amio Har Ras Hai Meethaa Mil Santh Janaa Mukh Paavai ||1|| Rehaao ||	The sweet, subtle essence of the Lord is immortalizing ambrosia. Meeting the Saints, I drink it in. ||1||Pause||	ਹੇ ਰਾਮ! ਤੇਰਾ ਨਾਮ-ਰਸ ਆਤਮਕ ਜੀਵਨ ਦੇਣ ਵਾਲਾ ਮਿੱਠਾ ਜਲ ਹੈ। (ਤੇਰਾ ਇਹ ਦਾਸ ਤੇਰੇ) ਸੰਤ ਜਨਾਂ ਨੂੰ ਮਿਲ ਕੇ (ਇਹੀ ਅੰਮ੍ਰਿਤ) ਮੂੰਹ ਵਿਚ ਪਾਣਾ ਚਾਹੁੰਦਾ ਹੈ ॥੧॥ ਰਹਾਉ ॥

37621	881	ਹਰਿ ਕੇ ਲੋਗ ਰਾਮ ਜਨ ਊਤਮ ਮਿਲਿ ਊਤਮ ਪਦਵੀ ਪਾਵੈ॥		Har Kae Log Raam Jan Ootham Mil Ootham Padhavee Paavai ||	The Lord's people are the most lofty and exalted. Meeting with them, the most exalted status is obtained.	ਹੇ ਭਾਈ! ਪਰਮਾਤਮਾ ਨਾਲ ਪਿਆਰ ਕਰਨ ਵਾਲੇ ਸੰਤ ਜਨ ਉੱਚੇ ਜੀਵਨ ਵਾਲੇ ਹੁੰਦੇ ਹਨ, ਉਹਨਾਂ ਨੂੰ ਮਿਲ ਕੇ ਮਨੁੱਖ ਉੱਚਾ ਆਤਮਕ ਦਰਜਾ ਪ੍ਰਾਪਤ ਕਰ ਲੈਂਦਾ ਹੈ।
37622	881	ਹਮ ਹੋਵਤ ਚੇਰੀ ਦਾਸ ਦਾਸਨ ਕੀ ਮੇਰਾ ਠਾਕੁਰੁ ਖੁਸੀ ਕਰਾਵੈ॥੨॥		Ham Hovath Chaeree Dhaas Dhaasan Kee Maeraa Thaakur Khusee Karaavai ||2||	I am the slave of the slave of the Lord's slaves; my Lord and Master is pleased with me. ||2||	ਹੇ ਭਾਈ! ਜਿਨ੍ਹਾਂ ਮਨੁੱਖਾਂ ਉਤੇ ਮੇਰਾ ਮਾਲਕ-ਪ੍ਰਭੂ ਮੇਹਰ ਦੀ ਨਿਗਾਹ ਕਰਦਾ ਹੈ, ਮੈਂ ਉਹਨਾਂ ਦੇ ਦਾਸਾਂ ਦਾ ਦਾਸ ਹਾਂ ॥੨॥
37623	881	ਸੇਵਕ ਜਨ ਸੇਵਹਿ ਸੇ ਵਡਭਾਗੀ ਰਿਦ ਮਨਿ ਤਨਿ ਪ੍ਰੀਤਿ ਲਗਾਵੈ॥		Saevak Jan Saevehi Sae Vaddabhaagee Ridh Man Than Preeth Lagaavai ||	The humble servant serves; one who enshrines love for the Lord in his heart, mind and body is very fortunate.	ਹੇ ਭਾਈ! ਜੇਹੜੇ ਸੇਵਕ ਪ੍ਰਭੂ ਦੀ ਸੇਵਾ-ਭਗਤੀ ਕਰਦੇ ਹਨ ਉਹ ਵੱਡੇ ਭਾਗਾਂ ਵਾਲੇ ਹਨ! ਪ੍ਰਭੂ ਉਹਨਾਂ ਦੇ ਹਿਰਦੇ ਵਿਚ ਉਹਨਾਂ ਦੇ ਮਨ ਵਿਚ ਉਹਨਾਂ ਦੇ ਤਨ ਵਿਚ ਆਪਣੇ ਚਰਨਾਂ ਦੀ ਪ੍ਰੀਤ ਪੈਦਾ ਕਰਦਾ ਹੈ।

37624	881	ਬਿਨੁ ਪ੍ਰੀਤੀ ਕਰਹਿ ਬਹੁ ਬਾਤਾ ਕੂੜੁ ਬੋਲਿ ਕੂੜੋ ਫਲੁ ਪਾਵੈ॥੩॥	ਬਾਤਾਂ	Bin Preethee Karehi Bahu Baathaa Koorr Bol Koorro Fal Paavai ||3||	One who talks too much without love, speaks falsely, and obtains only false rewards. ||3||	ਪਰ ਕਈ ਮਨੁੱਖ ਇਸ ਪ੍ਰੀਤ (ਦੀ ਦਾਤਿ) ਤੋਂ ਬਿਨਾ ਹੀ ਬਹੁਤ ਗੱਲਾਂ ਕਰਦੇ ਹਨ। (ਕਿ ਸਾਡੇ ਹਿਰਦੇ ਵਿਚ ਪ੍ਰਭੂ ਦੀ ਪ੍ਰੀਤ ਵੱਸ ਰਹੀ ਹੈ) ਅਜੇਹਾ ਮਨੁੱਖ ਝੂਠ ਬੋਲ ਕੇ ਝੂਠ ਹੀ (ਉਸ ਦਾ) ਫਲ ਪ੍ਰਾਪਤ ਕਰਦਾ ਹੈ (ਉਸ ਦੇ ਹਿਰਦੇ ਵਿਚ ਪ੍ਰੀਤ ਦੇ ਥਾਂ ਝੂਠ ਹੀ ਸਦਾ ਵੱਸਿਆ ਰਹਿੰਦਾ ਹੈ) ॥੩॥
37625	881	ਮੋਕਉ ਧਾਰਿ ਕ੍ਰਿਪਾ ਜਗਜੀਵਨ ਦਾਤੇ ਹਰਿ ਸੰਤ ਪਗੀ ਲੇ ਪਾਵੈ॥	ਜੱਗਜੀਵਨ। ਪਗੀਂ:ਪੋਲਾ ਬੋਲੋ	Mo Ko Dhhaar Kirapaa Jagajeevan Dhaathae Har Santh Pagee Lae Paavai ||	Take pity on me, O Lord of the World, O Great Giver; let me fall at the feet of the Saints.	ਹੇ ਜਗਤ ਨੂੰ ਜ਼ਿੰਦਗੀ ਦੇਣ ਵਾਲੇ ਹਰੀ! ਮੇਰੇ ਉਤੇ ਮੇਹਰ ਕਰ, (ਤਾ ਕਿ ਕੋਈ ਗੁਰਮੁਖ ਮਨੁੱਖ ਮੈਨੂੰ ਤੇਰੇ) ਸੰਤ ਜਨਾਂ ਦੀ ਚਰਨੀਂ ਲਾ ਦੇਵੇ।
37626	881	ਹਉ ਕਾਟਉ ਕਾਟਿ ਬਾਢਿ ਸਿਰੁ ਰਾਖਉ ਜਿਤੁ ਨਾਨਕ ਸੰਤੁ ਚੜਿ ਆਵੈ॥੪॥੩॥	ਚੜ੍ਹਿ	Ho Kaatto Kaatt Baadt Sir Raakho Jith Naanak Santh Charr Aavai ||4||3||	I would cut off my head, and cut it into pieces, O Nanak, and set it down for the Saints to walk upon. ||4||3||	ਹੇ ਨਾਨਕ! (ਆਖ-ਹੇ ਪ੍ਰਭੂ!) ਮੈਂ ਆਪਣਾ ਸਿਰ ਕੱਟ ਦਿਆਂ, ਕੱਟ ਵੱਢ ਕੇ ਰੱਖ ਦਿਆਂ, ਜਿਸ ਉਤੇ ਚੜ੍ਹ ਕੇ ਕੋਈ ਸੰਤ ਜਨ ਮੈਨੂੰ ਆ ਮਿਲੇ (ਭਾਵ, ਮੈਂ ਸਦਕੇ ਕੁਰਬਾਨ ਜਾਂਵਾਂ ਉਸ ਰਸਤੇ ਤੋਂ ਜਿਸ ਰਸਤੇ ਕੋਈ ਸੰਤ ਆ ਕੇ ਮੈਨੂੰ ਮਿਲੇ ॥੪॥੩॥
37627	881	ਰਾਮਕਲੀ ਮਹਲਾ ੪॥		Raamakalee Mehalaa 4 ||	Raamkalee, Fourth Mehl:	

37628	881	ਜੇ ਵਡਭਾਗ ਹੋਵਹਿ ਵਡ ਮੇਰੇ ਜਨ ਮਿਲਦਿਆ ਢਿਲ ਨ ਲਾਈਐ॥		Jae Vadd Bhaag Hovehi Vadd Maerae Jan Miladhiaa Dtil N Laaeeai ||	If I am blessed with supreme high destiny, I will meet the humble servants of the Lord, without delay.	ਹੇ ਭਾਈ! ਸੰਤ ਜਨਾਂ ਨੂੰ ਮਿਲਣ ਵਿਚ ਰਤਾ ਭੀ ਢਿੱਲ ਨਹੀਂ ਕਰਨੀ ਚਾਹੀਦੀ। ਜੇ ਮੇਰੇ ਵੱਡੇ ਭਾਗ ਜਾਗ ਪੈਣ (ਤਾਂ ਹੀ ਸੰਤ ਜਨਾਂ ਨੂੰ ਮਿਲਣ ਦਾ ਅਵਸਰ ਮਿਲਦਾ ਹੈ)।
37629	881	ਹਰਿ ਜਨ ਅੰਮ੍ਰਿਤ ਕੁੰਟ ਸਰ ਨੀਕੇ ਵਡਭਾਗੀ ਤਿਤੁ ਨਾਵਾਈਐ॥੧॥	(ਸਰ)ਸਮੁੰਦ੍ਰ। (ਨੀਕੇ)ਅੱਛੇ। ਨ੍ਹਾਵਾਈਐ	Har Jan Anmrith Kuntt Sar Neekae Vaddabhaagee Thith Naavaaeeai ||1||	The Lord's humble servants are pools of ambrosial nectar; by great good fortune, one bathes in them. ||1||	ਹੇ ਭਾਈ! ਪ੍ਰਭੂ ਦੇ ਸੇਵਕ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੇ ਸੋਹਣੇ ਚਸ਼ਮੇ ਹਨ, ਸੋਹਣੇ ਸਰੋਵਰ ਹਨ। ਉਸ ਚਸ਼ਮੇ ਵਿਚ ਉਸ ਸਰੋਵਰ ਵਿਚ ਵੱਡੀ ਕਿਸਮਤ ਨਾਲ ਹੀ ਇਸ਼ਨਾਨ ਕਰ ਸਕੀਦਾ ਹੈ ॥੧॥
37630	881	ਰਾਮ ਮੋਕਉ ਹਰਿ ਜਨ ਕਾਰੈ ਲਾਈਐ॥		Raam Mo Ko Har Jan Kaarai Laaeeai ||	O Lord, let me work for the humble servants of the Lord.	ਹੇ (ਮੇਰੇ) ਰਾਮ! ਮੈਨੂੰ (ਆਪਣੇ) ਸੰਤ ਜਨਾਂ ਦੀ ਸੇਵਾ ਵਿਚ ਲਾਈ ਰੱਖ।
37631	881	ਹਉ ਪਾਣੀ ਪਖਾ ਪੀਸਉ ਸੰਤ ਆਗੈ ਪਗ ਮਲਿ ਮਲਿ ਧੂਰਿ ਮੁਖਿ ਲਾਈਐ॥੧॥ਰਹਾਉ ॥	ਪਗ:ਪੋਲਾ ਬੋਲੋ	Ho Paanee Pakhaa Peeso Santh Aagai Pag Mal Mal Dhhoor Mukh Laaeeai ||1|| Rehaao ||	I carry water, wave the fan and grind the corn for them; I massage and wash their feet. I apply the dust of their feet to my forehead. ||1||Pause||	ਮੈਂ ਸੰਤ ਜਨਾਂ ਦੇ ਦਰ ਤੇ ਪਾਣੀ ਢੋਵਾਂ, ਪੱਖਾਂ ਝੱਲਾਂ, (ਆਟਾ) ਪੀਹਾਂ। ਮੈਂ ਸੰਤ ਜਨਾਂ ਦੇ ਪੈਰ ਮਲ ਮਲ ਕੇ ਧੋਵਾਂ, ਉਹਨਾਂ ਦੇ ਚਰਨਾਂ ਦੀ ਧੂੜ ਆਪਣੇ ਮੱਥੇ ਤੇ ਲਾਂਦਾ ਰਹਾਂ ॥੧॥ ਰਹਾਉ ॥

37632	881	ਹਰਿ ਜਨ ਵਡੇ ਵਡੇ ਵਡ ਊਚੇ ਜੋ ਸਤਗੁਰ ਮੇਲਿ ਮਿਲਾਈਐ॥		Har Jan Vaddae Vaddae Vadd Oochae Jo Sathagur Mael Milaaeeai ||	The Lord's humble servants are great, very great, the greatest and most exalted; they lead us to meet the True Guru.	ਹੇ ਭਾਈ! ਪ੍ਰਭੂ ਦੇ ਸੇਵਕ ਬੜੇ ਉੱਚੇ ਜੀਵਨ ਵਾਲੇ ਹੁੰਦੇ ਹਨ, ਉਹਨਾਂ ਦਾ ਮਿਲਾਪ ਸਤਿਗੁਰੂ ਦੀ ਸੰਗਤਿ ਵਿਚ ਬਣਿਆ ਰਹਿੰਦਾ ਹੈ।
37633	881	ਸਤਗੁਰ ਜੇਵਡੁ ਅਵਰੁ ਨ ਕੋਈ ਮਿਲਿ ਸਤਗੁਰ ਪੁਰਖ ਧਿਆਈਐ॥੨॥		Sathagur Jaevadd Avar N Koee Mil Sathagur Purakh Dhhiaaeeai ||2||	No one else is as great as the True Guru; meeting the True Guru, I meditate on the Lord, the Primal Being. ||2||	ਗੁਰੂ ਜੇਡਾ ਵੱਡਾ ਹੋਰ ਕੋਈ ਨਹੀਂ ਹੈ। ਗੁਰੂ ਨੂੰ ਮਿਲ ਕੇ ਹੀ ਪਰਮਾਤਮਾ ਦਾ ਸਿਮਰਨ ਕੀਤਾ ਜਾ ਸਕਦਾ ਹੈ ॥੨॥
37634	881	ਸਤਗੁਰ ਸਰਣਿ ਪਰੇ ਤਿਨ ਪਾਇਆ ਮੇਰੇ ਠਾਕੁਰ ਲਾਜ ਰਖਾਈਐ॥		Sathagur Saran Parae Thin Paaeiaa Maerae Thaakur Laaj Rakhaaeeai ||	Those who seek the Sanctuary of the True Guru find the Lord. My Lord and Master saves their honor.	ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਗਏ, ਉਹਨਾਂ ਨੇ ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ, ਮੇਰੇ ਮਾਲਕ-ਪ੍ਰਭੂ ਨੇ ਉਹਨਾਂ ਦੀ (ਲੋਕ ਪਰਲੋਕ ਵਿਚ) ਇੱਜ਼ਤ ਰੱਖ ਲਈ।

37635	881	ਇਕਿ ਅਪਨੈ ਸੁਆਇ ਆਇ ਬਹਹਿ ਗੁਰ ਆਗੈ ਜਿਉ ਬਗੁਲ ਸਮਾਧਿ ਲਗਾਈਐ॥੩॥		Eik Apanai Suaae Aae Behehi Gur Aagai Jio Bagul Samaadhh Lagaaeeai ||3||	Some come for their own purposes, and sit before the Guru; they pretend to be in Samaadhi, like storks with their eyes closed. ||3||	ਪਰ ਅਨੇਕਾਂ ਬੰਦੇ ਐਸੇ ਭੀ ਹਨ ਜੋ ਆਪਣੀ ਕਿਸੇ ਗ਼ਰਜ਼ ਦੀ ਖ਼ਾਤਰ ਗੁਰੂ ਦੇ ਦਰ ਤੇ ਆ ਬੈਠਦੇ ਹਨ ਅਤੇ ਬਗੁਲੇ ਵਾਂਗ ਸਮਾਧੀ ਲਾ ਲੈਂਦੇ ਹਨ ॥੩॥
37636	881	ਬਗੁਲਾ ਕਾਗ ਨੀਚ ਕੀ ਸੰਗਤਿ ਜਾਇ ਕਰੰਗ ਬਿਖੂ ਮੁਖਿ ਲਾਈਐ॥		Bagulaa Kaag Neech Kee Sangath Jaae Karang Bikhoo Mukh Laaeeai ||	Associating with the wretched and the lowly, like the stork and the crow, is like feeding on a carcass of poison.	ਹੇ ਭਾਈ! ਬਗੁਲਾ ਅਤੇ ਕਾਂ ਨੀਚ ਦੀ ਸੰਗਤਿ ਹੀ ਪਸੰਦ ਕਰਦੇ ਹਨ (ਜੇ ਉਹ ਕਿਸੇ ਸੁਆਰਥ ਵਾਸਤੇ ਗੁਰੂ ਦੇ ਦਰ ਤੇ ਆਉਂਦੇ ਭੀ ਹਨ, ਤਾਂ ਇਥੋਂ) ਉੱਠ ਕੇ ਕੋਈ ਮੁਰਦਾਰ ਜਾਂ ਗੰਦ ਹੀ ਮੂੰਹ ਵਿਚ ਪਾਂਦੇ ਹਨ।
37637	881	ਨਾਨਕ ਮੇਲਿ ਮੇਲਿ ਪ੍ਰਭ ਸੰਗਤਿ ਮਿਲਿ ਸੰਗਤਿ ਹੰਸੁ ਕਰਾਈਐ॥੪॥੪॥		Naanak Mael Mael Prabh Sangath Mil Sangath Hans Karaaeeai ||4||4||	Nanak: O God, unite me with the Sangat, the Congregation. United with the Sangat, I will become a swan. ||4||4||	ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰ, ਤੇ, ਆਖ-) ਹੇ ਪ੍ਰਭੂ! ਮੈਨੂੰ ਗੁਰੂ ਦੀ ਸੰਗਤਿ ਵਿਚ ਮਿਲਾਈ ਰੱਖ। ਗੁਰੂ ਦੀ ਸੰਗਤਿ ਵਿਚ ਮਿਲ ਕੇ (ਕਾਂ ਤੋਂ) ਹੰਸ ਬਣ ਜਾਈਦਾ ਹੈ ॥੪॥੪॥
37638	882	ਰਾਮਕਲੀ ਮਹਲਾ ੪॥		Raamakalee Mehalaa 4 ||	Raamkalee, Fourth Mehl:	

37639	882	ਸਤਗੁਰ ਦਇਆ ਕਰਹੁ ਹਰਿ ਮੇਲਹੁ ਮੇਰੇ ਪ੍ਰੀਤਮ ਪ੍ਰਾਣ ਹਰਿ ਰਾਇਆ॥		Sathagur Dhaeiaa Karahu Har Maelahu Maerae Preetham Praan Har Raaeiaa ||	O True Guru, please be kind, and unite me with the Lord. My Sovereign Lord is the Beloved of my breath of life.	ਹੇ ਹਰੀ! ਹੇ ਮੇਰੇ ਪ੍ਰੀਤਮ! ਹੇ ਮੇਰੀ ਜਿੰਦ ਦੇ ਪਾਤਿਸ਼ਾਹ! ਮੇਹਰ ਕਰ, ਮੈਨੂੰ ਗੁਰੂ ਮਿਲਾ।
37640	882	ਹਮ ਚੇਰੀ ਹੋਇ ਲਗਹ ਗੁਰ ਚਰਣੀ ਜਿਨਿ ਹਰਿ ਪ੍ਰਭ ਮਾਰਗੁ ਪੰਥੁ ਦਿਖਾਇਆ॥੧॥	ਲੱਗਹ	Ham Chaeree Hoe Lageh Gur Charanee Jin Har Prabh Maarag Panthh Dhikhaaeiaa ||1||	I am a slave; I fall at the Guru's feet. He has shown me the Path, the Way to my Lord God. ||1||	ਹੇ ਭਾਈ! ਜਿਸ ਗੁਰੂ ਨੇ (ਸਦਾ) ਪਰਮਾਤਮਾ ਦੇ ਮਿਲਾਪ ਦਾ ਰਸਤਾ ਵਿਖਾਇਆ ਹੈ, ਮੈਂ ਉਸ ਦਾ ਦਾਸ ਬਣ ਕੇ ਉਸ ਦੇ ਚਰਨਾਂ ਉੱਤੇ ਡਿੱਗਾ ਰਹਾਂ ॥੧॥
37641	882	ਰਾਮ ਮੈ ਹਰਿ ਹਰਿ ਨਾਮੁ ਮਨਿ ਭਾਇਆ॥		Raam Mai Har Har Naam Man Bhaaeiaa ||	The Name of my Lord, Har, Har, is pleasing to my mind.	ਹੇ (ਮੇਰੇ) ਰਾਮ! ਹੇ ਹਰੀ! ਮੇਰੇ ਮਨ ਵਿਚ ਤੇਰਾ ਨਾਮ ਪਿਆਰਾ ਲੱਗਦਾ ਹੈ।
37642	882	ਮੈ ਹਰਿ ਬਿਨੁ ਅਵਰੁ ਨ ਕੋਈ ਬੇਲੀ ਮੇਰਾ ਪਿਤਾ ਮਾਤਾ ਹਰਿ ਸਖਾਇਆ॥੧॥ਰਹਾਉ॥		Mai Har Bin Avar N Koee Baelee Maeraa Pithaa Maathaa Har Sakhaaeiaa ||1|| Rehaao ||	I have no friend except the Lord; the Lord is my father, my mother, my companion. ||1||Pause||	ਹੇ ਭਾਈ! ਪਰਮਾਤਮਾ ਤੋਂ ਬਿਨਾ ਮੈਨੂੰ ਕੋਈ ਹੋਰ ਮਦਦਗਾਰ ਨਹੀਂ ਦਿੱਸਦਾ। ਪਰਮਾਤਮਾ ਹੀ ਮੇਰੀ ਮਾਂ ਹੈ, ਪਰਮਾਤਮਾ ਹੀ ਮੇਰਾ ਪਿਉ ਹੈ, ਪਰਮਾਤਮਾ ਹੀ ਮੇਰਾ ਸਾਥੀ ਹੈ ॥੧॥ ਰਹਾਉ ॥

37643	882	ਮੇਰੇ ਇਕੁ ਖਿਨੁ ਪ੍ਰਾਨ ਨ ਰਹਹਿ ਬਿਨੁ ਪ੍ਰੀਤਮ ਬਿਨੁ ਦੇਖੇ ਮਰਹਿ ਮੇਰੀ ਮਾਇਆ॥		Maerae Eik Khin Praan N Rehehi Bin Preetham Bin Dhaekhae Marehi Maeree Maaeiaa ||	My breath of life will not survive for an instant, without my Beloved; unless I see Him, I will die, O my mother!	ਹੇ ਮੇਰੀ ਮਾਂ! ਪ੍ਰੀਤਮ (ਗੁਰੂ ਦੇ ਮਿਲਾਪ) ਤੋਂ ਬਿਨਾ ਮੇਰੀ ਜਿੰਦ ਇਕ ਖਿਨ ਵਾਸਤੇ ਭੀ ਨਹੀਂ ਰਹਿ ਸਕਦੀ, ਗੁਰੂ ਦਾ ਦਰਸ਼ਨ ਕਰਨ ਤੋਂ ਬਿਨਾ ਮੇਰੀ (ਆਤਮਕ) ਮੌਤ ਹੁੰਦੀ ਹੈ।
37644	882	ਧਨੁ ਧਨੁ ਵਡਭਾਗ ਗੁਰ ਸਰਣੀ ਆਏ ਹਰਿ ਗੁਰ ਮਿਲਿ ਦਰਸਨੁ ਪਾਇਆ॥੨॥	ਵੱਡਭਾਗ	Dhhan Dhhan Vadd Bhaag Gur Saranee Aaeae Har Gur Mil Dharasan Paaeiaa ||2||	Blessed, blessed is my great, high destiny, that I have come to the Guru's Sanctuary. Meeting with the Guru, I have obtained the Blessed Vision of the Lord's Darshan. ||2||	ਉਹ ਮਨੁੱਖ ਧੰਨ ਹਨ ਧੰਨ ਹਨ, ਵੱਡੇ ਭਾਗਾਂ ਵਾਲੇ ਹਨ, ਜੇਹੜੇ ਗੁਰੂ ਦੀ ਸਰਨ ਆ ਪੈਂਦੇ ਹਨ। ਗੁਰੂ ਨੂੰ ਮਿਲ ਕੇ ਉਹਨਾਂ ਨੇ ਪਰਮਾਤਮਾ ਦਾ ਦਰਸ਼ਨ ਕਰ ਲਿਆ ਹੈ ॥੨॥
37645	882	ਮੈ ਅਵਰੁ ਨ ਕੋਈ ਸੂਝੈ ਬੂਝੈ ਮਨਿ ਹਰਿ ਜਪੁ ਜਪਉ ਜਪਾਇਆ॥	ਸੂੱਝੈ ਬੂੱਝੈ	Mai Avar N Koee Soojhai Boojhai Man Har Jap Japo Japaaeiaa ||	I do not know or understand any other within my mind; I meditate and chant the Lord's Chant.	(ਹੇ ਮੇਰੀ ਮਾਂ! ਪ੍ਰਭੂ ਦੇ ਨਾਮ ਦੇ ਜਾਪ ਤੋਂ ਬਿਨਾ) ਮੈਨੂੰ ਕੋਈ ਭੀ ਹੋਰ ਕੰਮ ਨਹੀਂ ਸੁੱਝਦਾ (ਚੰਗਾ ਨਹੀਂ ਲੱਗਦਾ)। ਜਿਵੇਂ ਗੁਰੂ ਜਪਣ ਲਈ ਪ੍ਰੇਰਦਾ ਹੈ, ਮੈਂ ਆਪਣੇ ਮਨ ਵਿਚ ਪ੍ਰਭੂ ਦਾ ਨਾਮ ਦਾ ਜਾਪ ਹੀ ਜਪਦਾ ਹਾਂ।

37646	882	ਨਾਮ ਹੀਣ ਫਿਰਹਿ ਸੇ ਨਕਟੇ ਤਿਨ ਘਸਿ ਘਸਿ ਨਕ ਵਢਾਇਆ॥੩॥	ਨੱਕ	Naameheen Firehi Sae Nakattae Thin Ghas Ghas Nak Vadtaaeiaa ||3||	Those who lack the Naam, wander in shame; their noses are chopped off, bit by bit. ||3||	ਹੇ ਭਾਈ! ਜੇਹੜੇ ਮਨੁੱਖ ਨਾਮ ਤੋਂ ਵਾਂਜੇ ਰਹਿੰਦੇ ਹਨ, ਉਹ ਬੇਸ਼ਰਮਾਂ ਵਾਂਗ (ਦੁਨੀਆ ਵਿਚ) ਤੁਰੇ ਫਿਰਦੇ ਹਨ, ਉਹ ਅਨੇਕਾਂ ਵਾਰੀ ਬੇ-ਇੱਜ਼ਤੀ ਕਰਾ ਕੇ ਖ਼ੁਆਰ ਹੁੰਦੇ ਹਨ ॥੩॥
37647	882	ਮੋਕਉ ਜਗਜੀਵਨ ਜੀਵਾਲਿ ਲੈ ਸੁਆਮੀ ਰਿਦ ਅੰਤਰਿ ਨਾਮੁ ਵਸਾਇਆ॥	ਜੱਗਜੀਵਨ	Mo Ko Jagajeevan Jeevaal Lai Suaamee Ridh Anthar Naam Vasaaeiaa ||	O Life of the World, rejuvenate me! O my Lord and Master, enshrine Your Name deep within my heart.	ਹੇ ਜਗਤ ਦੇ ਜੀਵਨ-ਪ੍ਰਭੂ! ਹੇ ਮੇਰੇ ਮਾਲਕ-ਪ੍ਰਭੂ! ਮੇਰੇ ਹਿਰਦੇ ਵਿਚ ਆਪਣਾ ਨਾਮ ਵਸਾਈ ਰੱਖ, ਤੇ, ਮੈਨੂੰ ਆਤਮਕ ਜੀਵਨ ਬਖ਼ਸ਼ੀ ਰੱਖ।
37648	882	ਨਾਨਕ ਗੁਰੂ ਗੁਰੂ ਹੈ ਪੂਰਾ ਮਿਲਿ ਸਤਿਗੁਰ ਨਾਮੁ ਧਿਆਇਆ॥੪॥੫॥		Naanak Guroo Guroo Hai Pooraa Mil Sathigur Naam Dhhiaaeiaa ||4||5||	O Nanak, perfect is the Guru, the Guru. Meeting the True Guru, I meditate on the Naam. ||4||5||	ਹੇ ਨਾਨਕ! (ਇਹ ਨਾਮ ਦੀ ਦਾਤ ਦੇਣ-ਜੋਗਾ) ਗੁਰੂ ਪੂਰਾ ਹੀ ਹੈ ਗੁਰੂ ਪੂਰਾ ਹੀ ਹੈ। ਗੁਰੂ ਨੂੰ ਮਿਲ ਕੇ ਹੀ ਪ੍ਰਭੂ ਦਾ ਨਾਮ ਸਿਮਰਿਆ ਜਾ ਸਕਦਾ ਹੈ ॥੪॥੫॥
37649	882	ਰਾਮਕਲੀ ਮਹਲਾ ੪॥		Raamakalee Mehalaa 4 ||	Raamkalee, Fourth Mehl:	

37650	882	ਸਤਗੁਰੁ ਦਾਤਾ ਵਡਾ ਵਡ ਪੁਰਖੁ ਹੈ ਜਿਤੁ ਮਿਲਿਐ ਹਰਿ ਉਰ ਧਾਰੇ॥	ਵੱਡਾ ਵੱਡ	Sathagur Dhaathaa Vaddaa Vadd Purakh Hai Jith Miliai Har Our Dhhaarae ||	The True Guru, the Great Giver, is the Great, Primal Being; meeting Him, the Lord is enshrined within the heart.	ਹੇ ਭਾਈ! ਪ੍ਰਭੂ ਦੇ ਨਾਮ ਦੀ ਦਾਤ ਦੇਣ ਵਾਲਾ ਗੁਰੂ (ਹੀ) ਸਭ ਤੋਂ ਵੱਡਾ ਵਿਅਕਤੀ ਹੈ। ਗੁਰੂ ਨੂੰ ਮਿਲਣ ਨਾਲ ਮਨੁੱਖ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾ ਲੈਂਦਾ ਹੈ।
37651	882	ਜੀਅ ਦਾਨੁ ਗੁਰਿ ਪੂਰੈ ਦੀਆ ਹਰਿ ਅੰਮ੍ਰਿਤ ਨਾਮੁ ਸਮਾਰੇ॥੧॥		Jeea Dhaan Gur Poorai Dheeaa Har Anmrith Naam Samaarae ||1||	The Perfect Guru has granted me the life of the soul; I meditate in remembrance on the Ambrosial Name of the Lord. ||1||	ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਆਤਮਕ ਜੀਵਨ ਦੀ ਦਾਤ ਦੇ ਦਿੱਤੀ, ਉਹ ਮਨੁੱਖ ਪ੍ਰਭੂ ਦੇ ਜੀਵਨ ਦੇਣ ਵਾਲੇ ਨਾਮ ਨੂੰ (ਹਿਰਦੇ ਵਿਚ) ਸੰਭਾਲ ਰੱਖਦਾ ਹੈ ॥੧॥
37652	882	ਰਾਮ ਗੁਰਿ ਹਰਿ ਹਰਿ ਨਾਮੁ ਕੰਠਿ ਧਾਰੇ॥		Raam Gur Har Har Naam Kanth Dhhaarae ||	O Lord, the Guru has implanted the Name of the Lord, Har, Har, within my heart.	ਹੇ ਮੇਰੇ ਰਾਮ! ਮੇਰੇ ਵੱਡੇ ਭਾਗ ਹੋ ਗਏ ਹਨ, ਗੁਰੂ ਦੀ ਰਾਹੀਂ, ਹੇ ਹਰੀ! ਤੇਰਾ ਨਾਮ ਮੈਂ ਆਪਣੇ ਗਲ ਵਿਚ ਪ੍ਰੋ ਲਿਆ ਹੈ।
37653	882	ਗੁਰਮੁਖਿ ਕਥਾ ਸੁਣੀ ਮਨਿ ਭਾਈ ਧਨੁ ਧਨੁ ਵਡਭਾਗ ਹਮਾਰੇ॥੧॥ਰਹਾਉ॥		Guramukh Kathhaa Sunee Man Bhaaee Dhhan Dhhan Vadd Bhaag Hamaarae ||1|| Rehaao ||	As Gurmukh, I have heard His sermon, which pleases my mind; blessed, blessed is my great destiny. ||1||Pause||	ਗੁਰੂ ਦੀ ਸਰਨ ਪੈ ਕੇ ਮੈਂ ਤੇਰੀ ਸਿਫ਼ਤਿ-ਸਾਲਾਹ ਸੁਣੀ ਹੈ, ਤੇ, ਉਹ ਮੇਰੇ ਮਨ ਵਿਚ ਪਿਆਰੀ ਲੱਗ ਰਹੀ ਹੈ ॥੧॥ ਰਹਾਉ ॥

37654	882	ਕੋਟਿ ਕੋਟਿ ਤੇਤੀਸ ਧਿਆਵਹਿ ਤਾ ਕਾ ਅੰਤੁ ਨ ਪਾਵਹਿ ਪਾਰੇ॥		Kott Kott Thaethees Dhhiaavehi Thaa Kaa Anth N Paavehi Paarae ||	Millions, three hundred thirty millions of gods meditate on Him, but they cannot find His end or limitation.	ਹੇ ਭਾਈ! ਤੇਤੀ ਕ੍ਰੋੜ (ਦੇਵਤੇ) ਪਰਮਾਤਮਾ ਦਾ ਧਿਆਨ ਧਰਦੇ ਰਹਿੰਦੇ ਹਨ, ਪਰ ਉਸ ਦੇ ਗੁਣਾਂ ਦਾ ਅੰਤ ਗੁਣਾਂ ਦਾ ਪਾਰਲਾ ਬੰਨਾ ਨਹੀਂ ਲੱਭ ਸਕਦੇ।
37655	882	ਹਿਰਦੈ ਕਾਮ ਕਾਮਨੀ ਮਾਗਹਿ ਰਿਧਿ ਮਾਗਹਿ ਹਾਥੁ ਪਸਾਰੇ॥੨॥		Hiradhai Kaam Kaamanee Maagehi Ridhh Maagehi Haathh Pasaarae ||2||	With sexual urges in their hearts, they beg for beautiful women; stretching out their hands, they beg for riches. ||2||	(ਅਨੇਕਾਂ ਐਸੇ ਭੀ ਹਨ ਜੋ ਆਪਣੇ) ਹਿਰਦੇ ਵਿਚ ਕਾਮ-ਵਾਸਨਾ ਧਾਰ ਕੇ (ਪਰਮਾਤਮਾ ਦੇ ਦਰ ਤੋਂ) ਇਸਤ੍ਰੀ (ਹੀ) ਮੰਗਦੇ ਹਨ, (ਉਸ ਦੇ ਅੱਗੇ) ਹੱਥ ਪਸਾਰ ਕੇ (ਦੁਨੀਆ ਦੇ) ਧਨ-ਪਦਾਰਥ (ਹੀ) ਮੰਗਦੇ ਹਨ ॥੨॥
37656	882	ਹਰਿ ਜਸੁ ਜਪਿ ਜਪੁ ਵਡਾ ਵਡੇਰਾ ਗੁਰਮੁਖਿ ਰਖਉ ਉਰਿ ਧਾਰੇ॥		Har Jas Jap Jap Vaddaa Vaddaeraa Guramukh Rakho Our Dhhaarae ||	One who chants the Praises of the Lord is the greatest of the great; the Gurmukh keeps the Lord clasped to his heart.	ਹੇ ਭਾਈ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਿਆ ਕਰ, ਪਰਮਾਤਮਾ ਦੇ ਨਾਮ ਦਾ ਜਾਪ ਹੀ ਸਭ ਤੋਂ ਵੱਡਾ ਕੰਮ ਹੈ। ਮੈਂ ਤਾਂ ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਹੀ ਆਪਣੇ ਹਿਰਦੇ ਵਿਚ ਵਸਾਂਦਾ ਹਾਂ।

37657	882	ਜੇ ਵਡਭਾਗ ਹੋਵਹਿ ਤਾ ਜਪੀਐ ਹਰਿ ਭਉਜਲੁ ਪਾਰਿ ਉਤਾਰੇ॥੩॥		Jae Vadd Bhaag Hovehi Thaa Japeeai Har Bhoujal Paar Outhaarae ||3||	If one is blessed with high destiny, he meditates on the Lord, who carries him across the terrifying world-ocean. ||3||	ਹੇ ਭਾਈ! ਜੇ ਵੱਡੀ ਕਿਸਮਤ ਹੋਵੇ ਤਾਂ ਹੀ ਹਰਿ-ਨਾਮ ਜਪਿਆ ਜਾ ਸਕਦਾ ਹੈ (ਜੇਹੜਾ ਮਨੁੱਖ ਜਪਦਾ ਹੈ ਉਸ ਨੂੰ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ ॥੩॥
37658	882	ਹਰਿ ਜਨ ਨਿਕਟਿ ਨਿਕਟਿ ਹਰਿ ਜਨ ਹੈ ਹਰਿ ਰਾਖੈ ਕੰਠਿ ਜਨ ਧਾਰੇ॥		Har Jan Nikatt Nikatt Har Jan Hai Har Raakhai Kanth Jan Dhaarae ||	The Lord is close to His humble servant, and His humble servant is close to the Lord; He keeps His humble servant clasped to His Heart.	ਹੇ ਭਾਈ! ਸੰਤ ਜਨ ਪਰਮਾਤਮਾ ਦੇ ਨੇੜੇ ਵੱਸਦੇ ਹਨ, ਪਰਮਾਤਮਾ ਸੰਤ ਜਨਾਂ ਦੇ ਨੇੜੇ ਵੱਸਦਾ ਹੈ। ਪਰਮਾਤਮਾ ਆਪਣੇ ਸੇਵਕਾਂ ਨੂੰ ਆਪਣੇ ਗਲ ਨਾਲ ਲਾ ਕੇ ਰੱਖਦਾ ਹੈ।
37659	882	ਨਾਨਕ ਪਿਤਾ ਮਾਤਾ ਹੈ ਹਰਿ ਪ੍ਰਭੁ ਹਮ ਬਾਰਿਕ ਹਰਿ ਪ੍ਰਤਿਪਾਰੇ॥੪॥੬॥੧੮॥		Naanak Pithaa Maathaa Hai Har Prabh Ham Baarik Har Prathipaarae ||4||6||18||	O Nanak, the Lord God is our father and mother. I am His child; the Lord cherishes me. ||4||6||18||	ਹੇ ਨਾਨਕ! (ਆਖ-ਹੇ ਭਾਈ!) ਪਰਮਾਤਮਾ ਸਾਡਾ ਪਿਉ ਹੈ, ਪਰਮਾਤਮਾ ਸਾਡੀ ਮਾਂ ਹੈ। ਸਾਨੂੰ ਬੱਚਿਆਂ ਨੂੰ ਪਰਮਾਤਮਾ ਹੀ ਪਾਲਦਾ ਹੈ ॥੪॥੬॥੧੮॥
37660	882	ਰਾਗੁ ਰਾਮਕਲੀ ਮਹਲਾ ੫ ਘਰੁ ੧		Raag Raamakalee Mehalaa 5 Ghar 1	Raag Raamkalee, Fifth Mehl, First House:	ਰਾਗ ਰਾਮਕਲੀ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

37661	882	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
37662	882	ਕਿਰਪਾ ਕਰਹੁ ਦੀਨ ਕੇ ਦਾਤੇ ਮੇਰਾ ਗੁਣੁ ਅਵਗਣੁ ਨ ਬੀਚਾਰਹੁ ਕੋਈ॥		Kirapaa Karahu Dheen Kae Dhaathae Maeraa Gun Avagan N Beechaarahu Koee ||	Have mercy on me, O Generous Giver, Lord of the meek; please do not consider my merits and demerits.	ਹੇ ਗ਼ਰੀਬਾਂ ਉਤੇ ਬਖ਼ਸ਼ਸ਼ਾਂ ਕਰਨ ਵਾਲੇ ਪ੍ਰਭੂ! (ਮੇਰੇ ਉਤੇ) ਮੇਹਰ ਕਰ, ਮੇਰਾ ਕੋਈ ਗੁਣ ਨਾਹ ਵਿਚਾਰੀਂ, ਮੇਰਾ ਕੋਈ ਔਗੁਣ ਨਾਹ ਵਿਚਾਰੀਂ (ਮੇਰੇ ਅੰਦਰ ਤਾਂ ਔਗੁਣ ਹੀ ਔਗੁਣ ਹਨ)।
37663	882	ਮਾਟੀ ਕਾ ਕਿਆ ਧੋਪੈ ਸੁਆਮੀ ਮਾਣਸ ਕੀ ਗਤਿ ਏਹੀ॥੧॥		Maattee Kaa Kiaa Dhhopai Suaamee Maanas Kee Gath Eaehee ||1||	How can dust be washed? O my Lord and Master, such is the state of mankind. ||1||	(ਜਿਵੇਂ ਪਾਣੀ ਨਾਲ ਧੋਤਿਆਂ) ਮਿੱਟੀ ਦਾ ਮੈਲਾ-ਪਨ ਕਦੇ ਧੁਪ ਨਹੀਂ ਸਕਦਾ, ਹੇ ਮਾਲਕ-ਪ੍ਰਭੂ! ਅਸਾਂ ਜੀਵਾਂ ਦੀ ਭੀ ਇਹੀ ਹਾਲਤ ਹੈ ॥੧॥
37664	882	ਮੇਰੇ ਮਨ ਸਤਿਗੁਰੁ ਸੇਵਿ ਸੁਖੁ ਹੋਈ॥		Maerae Man Sathigur Saev Sukh Hoee ||	O my mind, serve the True Guru, and be at peace.	ਹੇ ਮੇਰੇ ਮਨ! ਗੁਰੂ ਦੀ ਸਰਨ ਪਿਆ ਰਹੁ (ਗੁਰੂ ਦੇ ਦਰ ਤੇ ਰਿਹਾਂ ਹੀ) ਆਨੰਦ ਮਿਲਦਾ ਹੈ।
37665	882	ਜੋ ਇਛਹੁ ਸੋਈ ਫਲੁ ਪਾਵਹੁ ਫਿਰਿ ਦੂਖੁ ਨ ਵਿਆਪੈ ਕੋਈ॥੧॥ਰਹਾਉ॥		Jo Eishhahu Soee Fal Paavahu Fir Dhookh N Viaapai Koee ||1|| Rehaao ||	Whatever you desire, you shall receive that reward, and you shall not be afflicted by pain any longer. ||1||Pause||	(ਗੁਰੂ ਦੇ ਦਰ ਤੇ ਰਹਿ ਕੇ) ਜੇਹੜੀ ਕਾਮਨਾ ਚਿਤਵੇਂਗਾ, ਉਹੀ ਫਲ ਹਾਸਲ ਕਰ ਲਏਂਗਾ। (ਇਸ ਤਰ੍ਹਾਂ) ਕੋਈ ਦੁੱਖ ਭੀ ਆਪਣਾ ਜ਼ੋਰ ਨਹੀਂ ਪਾ ਸਕਦਾ ॥੧॥ ਰਹਾਉ ॥

37666	882	ਕਾਚੇ ਭਾਡੇ ਸਾਜਿ ਨਿਵਾਜੇ ਅੰਤਰਿ ਜੋਤਿ ਸਮਾਈ॥		Kaachae Bhaaddae Saaj Nivaajae Anthar Joth Samaaee ||	He creates and adorns the earthen vessels; He infuses His Light within them.	ਹੇ ਭਾਈ! (ਸਾਡੇ ਇਹ) ਨਾਸਵੰਤ ਸਰੀਰ ਬਣਾ ਕੇ (ਪਰਮਾਤਮਾ ਨੇ ਹੀ ਇਹਨਾਂ ਨੂੰ) ਵਡਿਆਈ ਦਿੱਤੀ ਹੋਈ ਹੈ (ਕਿਉਂਕਿ ਇਹਨਾਂ ਨਾਸਵੰਤ ਸਰੀਰਾਂ ਦੇ) ਅੰਦਰ ਉਸ ਦੀ ਜੋਤ ਟਿਕੀ ਹੋਈ ਹੈ।
37667	882	ਜੈਸਾ ਲਿਖਤੁ ਲਿਖਿਆ ਧੁਰਿ ਕਰਤੈ ਹਮ ਤੈਸੀ ਕਿਰਤਿ ਕਮਾਈ॥੨॥		Jaisaa Likhath Likhiaa Dhhur Karathai Ham Thaisee Kirath Kamaaee ||2||	As is the destiny pre-ordained by the Creator, so are the deeds we do. ||2||	ਹੇ ਭਾਈ! (ਸਾਡੇ ਕੀਤੇ ਕਰਮਾਂ ਅਨੁਸਾਰ) ਕਰਤਾਰ ਨੇ ਧੁਰ ਦਰਗਾਹ ਤੋਂ ਜਿਹੋ ਜਿਹਾ (ਸੰਸਕਾਰਾਂ ਦਾ) ਲੇਖ (ਸਾਡੇ ਅੰਦਰ) ਲਿਖ ਦਿੱਤਾ ਹੈ, ਅਸੀਂ ਜੀਵ (ਹੁਣ ਭੀ) ਉਹੋ ਜਿਹੇ ਕਰਮਾਂ ਦੀ ਕਮਾਈ ਕਰੀ ਜਾਂਦੇ ਹਾਂ ॥੨॥
37668	882	ਮਨੁ ਤਨੁ ਥਾਪਿ ਕੀਆ ਸਭੁ ਅਪਨਾ ਏਹੋ ਆਵਣ ਜਾਣਾ॥		Man Than Thhaap Keeaa Sabh Apanaa Eaeho Aavan Jaanaa ||	He believes the mind and body are all his own; this is the cause of his coming and going.	ਹੇ ਭਾਈ! ਮਨੁੱਖ ਇਸ ਜਿੰਦ ਨੂੰ ਇਸ ਸਰੀਰ ਨੂੰ ਸਦਾ ਆਪਣਾ ਮਿਥੀ ਰੱਖਦਾ ਹੈ, ਇਹ ਅਪਣੱਤ ਹੀ (ਮਨੁੱਖ ਵਾਸਤੇ) ਜਨਮ ਮਰਨ (ਦੇ ਗੇੜ ਦਾ ਕਾਰਨ ਬਣੀ ਰਹਿੰਦੀ) ਹੈ।
37669	882	ਜਿਨਿ ਦੀਆ ਸੋ ਚਿਤਿ ਨ ਆਵੈ ਮੋਹਿ ਅੰਧੁ ਲਪਟਾਣਾ॥੩॥		Jin Dheeaa So Chith N Aavai Mohi Andhh Lapattaanaa ||3||	He does not think of the One who gave him these; he is blind, entangled in emotional attachment. ||3||	ਜਿਸ ਪਰਮਾਤਮਾ ਨੇ ਇਹ ਜਿੰਦ ਦਿੱਤੀ ਹੈ ਇਹ ਸਰੀਰ ਦਿੱਤਾ ਹੈ ਉਹ ਇਸ ਦੇ ਚਿੱਤ ਵਿਚ (ਕਦੇ) ਨਹੀਂ ਵੱਸਦਾ, ਅੰਨ੍ਹਾ ਮਨੁੱਖ (ਜਿੰਦ ਤੇ ਸਰੀਰ ਦੇ) ਮੋਹ ਵਿਚ ਫਸਿਆ ਰਹਿੰਦਾ ਹੈ ॥੩॥

37670	883	ਜਿਨਿ ਕੀਆ ਸੋਈ ਪ੍ਰਭੁ ਜਾਣੈ ਹਰਿ ਕਾ ਮਹਲੁ ਅਪਾਰਾ॥		Jin Keeaa Soee Prabh Jaanai Har Kaa Mehal Apaaraa ||	One who knows that God created him, reaches the Incomparable Mansion of the Lord's Presence.	ਹੇ ਭਾਈ! ਜਿਸ ਪਰਮਾਤਮਾ ਨੇ (ਇਹ ਖੇਲ) ਬਣਾਇਆ ਹੈ ਉਹੀ (ਇਸ ਨੂੰ ਚਲਾਣਾ) ਜਾਣਦਾ ਹੈ, ਉਸ ਪਰਮਾਤਮਾ ਦਾ ਟਿਕਾਣਾ ਅਪਹੁੰਚ ਹੈ (ਜੀਵ ਉਸ ਪਰਮਾਤਮਾ ਦੀ ਰਜ਼ਾ ਨੂੰ ਸਮਝ ਨਹੀਂ ਸਕਦਾ)।
37671	883	ਭਗਤਿ ਕਰੀ ਹਰਿ ਕੇ ਗੁਣ ਗਾਵਾ ਨਾਨਕ ਦਾਸੁ ਤੁਮਾਰਾ॥੪॥੧॥		Bhagath Karee Har Kae Gun Gaavaa Naanak Dhaas Thumaaraa ||4||1||	Worshipping the Lord, I sing His Glorious Praises. Nanak is Your slave. ||4||1||	ਹੇ ਨਾਨਕ! (ਆਖ-ਹੇ ਪ੍ਰਭੂ!) ਮੈਂ ਤੇਰਾ ਦਾਸ ਹਾਂ (ਮੇਹਰ ਕਰ) ਮੈਂ ਤੇਰੀ ਭਗਤੀ ਕਰਦਾ ਰਹਾਂ, ਮੈਂ ਤੇਰੇ ਗੁਣ ਗਾਂਦਾ ਰਹਾਂ ॥੪॥੧॥
37672	883	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
37673	883	ਪਵਹੁ ਚਰਣਾ ਤਲਿ ਊਪਰਿ ਆਵਹੁ ਐਸੀ ਸੇਵ ਕਮਾਵਹੁ॥		Pavahu Charanaa Thal Oopar Aavahu Aisee Saev Kamaavahu ||	Place yourself beneath all men's feet, and you will be uplifted; serve Him in this way.	ਹੇ ਸੰਤ ਜਨੋ! ਸਭਨਾਂ ਦੇ ਚਰਨਾਂ ਹੇਠ ਪਏ ਰਹੋ। ਜੇ ਇਹੋ ਜਿਹੀ ਸੇਵਾ-ਭਗਤੀ ਦੀ ਕਮਾਈ ਕਰੋਗੇ, ਤਾਂ ਉੱਚੇ ਜੀਵਨ ਵਾਲੇ ਬਣ ਜਾਉਗੇ।
37674	883	ਆਪਸ ਤੇ ਊਪਰਿ ਸਭ ਜਾਣਹੁ ਤਉ ਦਰਗਹ ਸੁਖੁ ਪਾਵਹੁ॥੧॥		Aapas Thae Oopar Sabh Jaanahu Tho Dharageh Sukh Paavahu ||1||	Know that all are above you, and you shall find peace in the Court of the Lord. ||1||	ਜਦੋਂ ਤੁਸੀਂ ਸਭਨਾਂ ਨੂੰ ਆਪਣੇ ਨਾਲੋਂ ਚੰਗੇ ਸਮਝਣ ਲੱਗ ਪਵੋਗੇ, ਤਾਂ ਪਰਮਾਤਮਾ ਦੀ ਹਜ਼ੂਰੀ ਵਿਚ (ਟਿਕੇ ਰਹਿ ਕੇ) ਆਨੰਦ ਮਾਣੋਗੇ ॥੧॥

37675	883	ਸੰਤਹੁ ਐਸੀ ਕਥਹੁ ਕਹਾਣੀ॥		Santhahu Aisee Kathhahu Kehaanee ||	O Saints, speak that speech which purifies the gods and sanctifies the divine beings.	ਹੇ ਸੰਤ ਜਨੋ! ਇਹੋ ਜਿਹੀ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਰਹੋ,
37676	883	ਸੁਰ ਪਵਿਤ੍ਰ ਨਰ ਦੇਵ ਪਵਿਤ੍ਰਾ ਖਿਨੁ ਬੋਲਹੁ ਗੁਰਮੁਖਿ ਬਾਣੀ॥੧॥ਰਹਾਉ॥		Sur Pavithr Nar Dhaev Pavithraa Khin Bolahu Guramukh Baanee ||1|| Rehaao ||	As Gurmukh, chant the Word of His Bani, even for an instant. ||1||Pause||	ਗੁਰੂ ਦੀ ਸਰਨ ਪੈ ਕੇ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦੇ ਰਹੋ, ਜਿਸ ਦੀ ਬਰਕਤਿ ਨਾਲ ਦੇਵਤੇ ਮਨੁੱਖ ਸਭ ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ ॥੧॥ ਰਹਾਉ ॥
37677	883	ਪਰਪੰਚੁ ਛੋਡਿ ਸਹਜ ਘਰਿ ਬੈਸਹੁ ਝੂਠਾ ਕਹਹੁ ਨ ਕੋਈ॥		Parapanch Shhodd Sehaj Ghar Baisahu Jhoothaa Kehahu N Koee ||	Renounce your fraudulent plans, and dwell in the celestial palace; do not call anyone else false.	ਹੇ ਸੰਤ ਜਨੋ! ਮਾਇਆ ਦਾ ਮੋਹ ਛੱਡ ਕੇ ਕਿਸੇ ਨੂੰ ਭੈੜਾ ਨਾਹ ਆਖਿਆ ਕਰੋ, (ਇਸ ਤਰ੍ਹਾਂ) ਆਤਮਕ ਅਡੋਲਤਾ ਵਿਚ ਟਿਕੇ ਰਹੋ।
37678	883	ਸਤਿਗੁਰ ਮਿਲਹੁ ਨਵੈ ਨਿਧਿ ਪਾਵਹੁ ਇਨ ਬਿਧਿ ਤਤੁ ਬਿਲੋਈ॥੨॥	ਤੱਤ	Sathigur Milahu Navai Nidhh Paavahu Ein Bidhh Thath Biloee ||2||	Meeting with the True Guru, you shall receive the nine treasures; in this way, you shall find the essence of reality. ||2||	ਗੁਰੂ ਦੀ ਸਰਨ ਪਏ ਰਹੋ। ਇਸ ਤਰ੍ਹਾਂ ਸਹੀ ਜੀਵਨ-ਰਾਹ ਲੱਭ ਕੇ ਦੁਨੀਆ ਦੇ ਸਾਰੇ ਹੀ ਖ਼ਜ਼ਾਨੇ ਹਾਸਲ ਕਰ ਲਵੋਗੇ (ਭਾਵ, ਮਾਇਆ ਦੇ ਮੋਹ ਤੋਂ ਖ਼ਲਾਸੀ ਹਾਸਲ ਕਰ ਲਵੋਗੇ। ਬੇ-ਮੁਥਾਜ ਹੋ ਜਾਉਗੇ) ॥੨॥

37679	883	ਭਰਮੁ ਚੁਕਾਵਹੁ ਗੁਰਮੁਖਿ ਲਿਵ ਲਾਵਹੁ ਆਤਮੁ ਚੀਨਹੁ ਭਾਈ॥		Bharam Chukaavahu Guramukh Liv Laavahu Aatham Cheenahu Bhaaee ||	Eradicate doubt, and as Gurmukh, enshrine love for the Lord; understand your own soul, O Siblings of Destiny.	ਹੇ ਭਾਈ! ਗੁਰੂ ਦੀ ਸਰਨ ਪੈ ਕੇ ਪ੍ਰਭੂ-ਚਰਨਾਂ ਵਿਚ ਪ੍ਰੀਤ ਜੋੜੋ, (ਮਨ ਵਿਚੋਂ) ਭਟਕਣਾ ਦੂਰ ਕਰੋ, ਆਪਣੇ ਆਪ ਦੀ ਪਛਾਣ ਕਰੋ (ਆਪਣੇ ਜੀਵਨ ਨੂੰ ਪੜਤਾਲਦੇ ਰਹੋ)।
37680	883	ਨਿਕਟਿ ਕਰਿ ਜਾਣਹੁ ਸਦਾ ਪ੍ਰਭੁ ਹਾਜਰੁ ਕਿਸੁ ਸਿਉ ਕਰਹੁ ਬੁਰਾਈ॥੩॥		Nikatt Kar Jaanahu Sadhaa Prabh Haajar Kis Sio Karahu Buraaee ||3||	Know that God is near at hand, and ever-present. How could you try to hurt anyone else? ||3||	ਪਰਮਾਤਮਾ ਨੂੰ ਸਦਾ ਆਪਣੇ ਨੇੜੇ ਪ੍ਰਤੱਖ ਅੰਗ-ਸੰਗ ਵੱਸਦਾ ਸਮਝੋ, (ਫਿਰ) ਕਿਸੇ ਨਾਲ ਭੀ ਕੋਈ ਭੈੜ ਨਹੀਂ ਕਰ ਸਕੋਗੇ (ਇਹੀ ਹੈ ਸਹੀ ਜੀਵਨ-ਰਾਹ) ॥੩॥
37681	883	ਸਤਿਗੁਰਿ ਮਿਲਿਐ ਮਾਰਗੁ ਮੁਕਤਾ ਸਹਜੇ ਮਿਲੇ ਸੁਆਮੀ॥		Sathigur Miliai Maarag Mukathaa Sehajae Milae Suaamee ||	Meeting with the True Guru, your path shall be clear, and you shall easily meet your Lord and Master.	ਹੇ ਭਾਈ! ਜੇ ਗੁਰੂ ਮਿਲ ਪਏ, ਤਾਂ (ਜ਼ਿੰਦਗੀ ਦਾ) ਰਸਤਾ ਖੁਲ੍ਹਾ (ਵਿਕਾਰਾਂ ਦੀਆਂ ਰੁਕਾਵਟਾਂ ਤੋਂ ਸੁਤੰਤਰ) ਹੋ ਜਾਂਦਾ ਹੈ (ਆਤਮਕ ਅਡੋਲਤਾ ਪ੍ਰਾਪਤ ਹੋ ਜਾਂਦੀ ਹੈ, ਇਸ) ਆਤਮਕ ਅਡੋਲਤਾ ਵਿਚ ਮਾਲਕ-ਪ੍ਰਭੂ ਮਿਲ ਪੈਂਦਾ ਹੈ।
37682	883	ਧਨੁ ਧਨੁ ਸੇ ਜਨ ਜਿਨੀ ਕਲਿ ਮਹਿ ਹਰਿ ਪਾਇਆ ਜਨ ਨਾਨਕ ਸਦ ਕੁਰਬਾਨੀ॥੪॥੨॥		Dhhan Dhhan Sae Jan Jinee Kal Mehi Har Paaeiaa Jan Naanak Sadh Kurabaanee ||4||2||	Blessed, blessed are those humble beings, who, in this Dark Age of Kali Yuga, find the Lord. Nanak is forever a sacrifice to them. ||4||2||	ਉਹ ਮਨੁੱਖ ਭਾਗਾਂ ਵਾਲੇ ਹਨ, ਜਿਨ੍ਹਾਂ ਨੇ ਇਸ ਜੀਵਨ ਵਿਚ ਪ੍ਰਭੂ ਨਾਲ ਮਿਲਾਪ ਪ੍ਰਾਪਤ ਕਰ ਲਿਆ। ਹੇ ਦਾਸ ਨਾਨਕ! (ਆਖ- ਮੈਂ ਉਹਨਾਂ ਤੋਂ) ਸਦਾ ਸਦਕੇ ਜਾਂਦਾ ਹਾਂ ॥੪॥੨॥

37683	883	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
37684	883	ਆਵਤ ਹਰਖ ਨ ਜਾਵਤ ਦੂਖਾ ਨਹ ਬਿਆਪੈ ਮਨ ਰੋਗਨੀ॥		Aavath Harakh N Jaavath Dhookhaa Neh Biaapai Man Roganee ||	Coming does not please me, and going does not bring me pain, and so my mind is not afflicted by disease.	ਹੇ ਭਾਈ! ਹੁਣ ਜੇ ਕੋਈ ਮਾਇਕ ਲਾਭ ਹੋਵੇ ਤਾਂ ਖ਼ੁਸ਼ੀ ਆਪਣਾ ਜ਼ੋਰ ਨਹੀਂ ਪਾਂਦੀ, ਜੇ ਕੋਈ ਨੁਕਸਾਨ ਹੋ ਜਾਏ ਤਾਂ ਦੁੱਖ ਨਹੀਂ ਵਾਪਰਦਾ, ਕੋਈ ਭੀ ਚਿੰਤਾ ਆਪਣਾ ਦਬਾਉ ਨਹੀਂ ਪਾ ਸਕਦੀ।
37685	883	ਸਦਾ ਅਨੰਦੁ ਗੁਰੁ ਪੂਰਾ ਪਾਇਆ ਤਉ ਉਤਰੀ ਸਗਲ ਬਿਓਗਨੀ॥੧॥		Sadhaa Anandh Gur Pooraa Paaeiaa Tho Outharee Sagal Biouganee ||1||	I am in bliss forever, for I have found the Perfect Guru; my separation from the Lord is totally ended. ||1||	ਜਦੋਂ ਤੋਂ (ਮੈਨੂੰ) ਪੂਰਾ ਗੁਰੂ ਮਿਲਿਆ ਹੈ, ਤਦੋਂ ਤੋਂ (ਮੇਰੇ ਅੰਦਰੋਂ ਪ੍ਰਭੂ ਨਾਲੋਂ) ਸਾਰੀ ਵਿੱਥ ਮੁੱਕ ਚੁਕੀ ਹੈ, (ਮੇਰੇ ਅੰਦਰ) ਹਰ ਵੇਲੇ ਆਨੰਦ ਬਣਿਆ ਰਹਿੰਦਾ ਹੈ ॥੧॥
37686	883	ਇਹ ਬਿਧਿ ਹੈ ਮਨੁ ਜੋਗਨੀ॥	ਬਿਧਿ:ਪੋਲਾ ਬੋਲੋ	Eih Bidhh Hai Man Joganee ||	This is how I have joined my mind to the Lord.	(ਹੇ ਭਾਈ! ਗੁਰੂ ਦੀ ਕਿਰਪਾ ਨਾਲ ਮੇਰਾ) ਮਨ ਇਸ ਤਰ੍ਹਾਂ (ਪ੍ਰਭੂ-ਚਰਨਾਂ ਵਿਚ) ਜੁੜਿਆ ਹੋਇਆ ਹੈ,

37687	883	ਮੋਹੁ ਸੋਗੁ ਰੋਗੁ ਲੋਗੁ ਨ ਬਿਆਪੈ ਤਹ ਹਰਿ ਹਰਿ ਹਰਿ ਰਸ ਭੋਗਨੀ॥੧॥ਰਹਾਉ॥		Mohu Sog Rog Log N Biaapai Theh Har Har Har Ras Bhoganee ||1|| Rehaao ||	Attachment, sorrow, disease and public opinion do not affect me, and so, I enjoy the subtle essence of the Lord, Har, Har, Har. ||1||Pause||	ਕਿ ਇਸ ਉੱਤੇ ਮੋਹ, ਗ਼ਮ, ਰੋਗ, ਲੋਕ-ਲਾਜ ਕੋਈ ਭੀ ਆਪਣਾ ਜ਼ੋਰ ਨਹੀਂ ਪਾ ਸਕਦਾ। ਇਸ ਅਵਸਥਾ ਵਿਚ (ਇਹ ਮੇਰਾ ਮਨ) ਪਰਮਾਤਮਾ ਦੇ ਮਿਲਾਪ ਦਾ ਆਨੰਦ ਮਾਣ ਰਿਹਾ ਹੈ ॥੧॥ ਰਹਾਉ ॥
37688	883	ਸੁਰਗ ਪਵਿਤ੍ਰਾ ਮਿਰਤ ਪਵਿਤ੍ਰਾ ਪਇਆਲ ਪਵਿਤ੍ਰ ਅਲੋਗਨੀ॥	(ਅਲੋਗਨੀ)ਅਲੌਕਿਕ।ਪਵਿੱਤ੍ਰ ਾ।ਪ-ਇਆਲ	Surag Pavithraa Mirath Pavithraa Paeiaal Pavithr Aloganee ||	I am pure in the heavenly realm, pure on this earth, and pure in the nether regions of the underworld. I remain apart from the people of the world.	(ਹੇ ਭਾਈ! ਗੁਰੂ ਦੀ ਕਿਰਪਾ ਨਾਲ ਮੇਰੇ ਇਸ ਮਨ ਨੂੰ) ਸੁਰਗ, ਮਾਤ-ਲੋਕ, ਪਾਤਾਲ (ਇਕੋ ਜਿਹੇ ਹੀ) ਪਵਿੱਤਰ ਦਿੱਸ ਰਹੇ ਹਨ, ਕੋਈ ਲੋਕ-ਲਾਜ ਭੀ ਨਹੀਂ ਪੋਂਹਦੀ।
37689	883	ਆਗਿਆਕਾਰੀ ਸਦਾ ਸੁਖੁ ਭੁੰਚੈ ਜਤ ਕਤ ਪੇਖਉ ਹਰਿ ਗੁਨੀ॥੨॥	ਜਤ,ਕਤ:ਪੋਲਾ ਬੋਲੋ	Aagiaakaaree Sadhaa Sukh Bhunchai Jath Kath Paekho Har Gunee ||2||	Obedient to the Lord, I enjoy peace forever; wherever I look, I see the Lord of glorious virtues. ||2||	(ਗੁਰੂ ਦੀ) ਆਗਿਆ ਵਿਚ ਰਹਿ ਕੇ (ਮੇਰਾ ਮਨ) ਸਦਾ ਆਨੰਦ ਮਾਣ ਰਿਹਾ ਹੈ। ਹੁਣ ਮੈਂ ਜਿਧਰ ਵੇਖਦਾ ਹਾਂ ਉਧਰ ਹੀ ਸਾਰੇ ਗੁਣਾਂ ਦਾ ਮਾਲਕ-ਪ੍ਰਭੂ ਹੀ ਮੈਨੂੰ ਦਿੱਸਦਾ ਹੈ ॥੨॥
37690	883	ਨਹ ਸਿਵ ਸਕਤੀ ਜਲੁ ਨਹੀ ਪਵਨਾ ਤਹ ਅਕਾਰੁ ਨਹੀ ਮੇਦਨੀ॥		Neh Siv Sakathee Jal Nehee Pavanaa Theh Akaar Nehee Maedhanee ||	There is no Shiva or Shakti, no energy or matter, no water or wind, no world of form there,	ਹੇ ਭਾਈ! ਹੁਣ ਇਸ ਮਨ ਵਿਚ ਰਿੱਧੀਆਂ ਸਿੱਧੀਆਂ, ਤੀਰਥ-ਇਸ਼ਨਾਨ, ਪ੍ਰਾਣਾਯਾਮ, ਸੰਸਾਰਕ ਰੂਪ, ਧਰਤੀ ਦੇ ਪਦਾਰਥ ਕੋਈ ਭੀ ਨਹੀਂ ਟਿਕ ਸਕਦੇ।

37691	883	ਸਤਿਗੁਰ ਜੋਗ ਕਾ ਤਹਾ ਨਿਵਾਸਾ ਜਹ ਅਵਿਗਤ ਨਾਥੁ ਅਗਮ ਧਨੀ॥੩॥		Sathigur Jog Kaa Thehaa Nivaasaa Jeh Avigath Naathh Agam Dhhanee ||3||	Where the True Guru, the Yogi, dwells, where the Imperishable Lord God, the Unapproachable Master abides. ||3||	ਹੁਣ ਮੇਰੇ ਇਸ ਮਨ ਵਿਚ ਗੁਰੂ ਦੇ ਮਿਲਾਪ ਦਾ ਸਦਾ ਲਈ ਨਿਵਾਸ ਹੋ ਗਿਆ ਹੈ, ਅਦ੍ਰਿਸ਼ਟ ਅਪਹੁੰਚ ਮਾਲਕ ਖਸਮ-ਪ੍ਰਭੂ ਭੀ ਉਥੇ ਹੀ ਵੱਸਦਾ ਦਿੱਸ ਪਿਆ ਹੈ ॥੩॥
37692	883	ਤਨੁ ਮਨੁ ਹਰਿ ਕਾ ਧਨੁ ਸਭੁ ਹਰਿ ਕਾ ਹਰਿ ਕੇ ਗੁਣ ਹਉ ਕਿਆ ਗਨੀ॥		Than Man Har Kaa Dhhan Sabh Har Kaa Har Kae Gun Ho Kiaa Ganee ||	Body and mind belong to the Lord; all wealth belongs to the Lord; what glorious virtues of the Lord can I describe?	(ਹੁਣ ਮੈਨੂੰ ਸਮਝ ਆ ਗਈ ਹੈ ਕਿ) ਇਹ ਸਰੀਰ, ਇਹ ਜਿੰਦ, ਇਹ ਧਨ ਸਭ ਕੁਝ ਉਸ ਪ੍ਰਭੂ ਦਾ ਹੀ ਦਿੱਤਾ ਹੋਇਆ ਹੈ (ਉਹ ਬੜਾ ਬਖ਼ਸ਼ਿੰਦ ਹੈ) ਮੈਂ ਉਸ ਦੇ ਕੇਹੜੇ ਕੇਹੜੇ ਗੁਣ ਬਿਆਨ ਕਰ ਸਕਦਾ ਹਾਂ?
37693	883	ਕਹੁ ਨਾਨਕ ਹਮ ਤੁਮ ਗੁਰਿ ਖੋਈ ਹੈ ਅੰਭੈ ਅੰਭੁ ਮਿਲੋਗਨੀ॥੪॥੩॥		Kahu Naanak Ham Thum Gur Khoee Hai Anbhai Anbh Miloganee ||4||3||	Says Nanak, the Guru has destroyed my sense of 'mine and yours'. Like water with water, I am blended with God. ||4||3||	ਨਾਨਕ ਆਖਦਾ ਹੈ- (ਹੇ ਭਾਈ!) ਗੁਰੂ ਨੇ (ਮੇਰੇ ਮਨ ਵਿਚੋਂ) ਮੇਰ-ਤੇਰ ਮੁਕਾ ਦਿੱਤੀ ਹੈ (ਮੈਂ ਹੁਣ ਪ੍ਰਭੂ-ਚਰਨਾਂ ਵਿਚ ਇਉਂ ਮਿਲ ਗਿਆ ਹਾਂ, ਜਿਵੇਂ) ਪਾਣੀ ਵਿਚ ਪਾਣੀ ਮਿਲ ਜਾਂਦਾ ਹੈ ॥੪॥੩॥
37694	883	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	

37695	883	ਤ੍ਰै ਗੁਣ ਰਹਤ ਰਹै ਨਿਰਾਰੀ ਸਾਧਿਕ ਸਿਧ ਨ ਜਾਨੈ॥		Thrai Gun Rehath Rehai Niraaree Saadhhik Sidhh N Jaanai ||	It is beyond the three qualities; it remains untouched. The seekers and Siddhas do not know it.	ਹੇ ਭਾਈ! ਉਹ ਕੀਮਤੀ ਪਦਾਰਥ ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਤੋਂ ਪਰੇ ਵੱਖਰਾ ਹੀ ਰਹਿੰਦਾ ਹੈ, ਉਹ ਪਦਾਰਥ ਜੋਗ-ਸਾਧਨ ਕਰਨ ਵਾਲਿਆਂ ਅਤੇ ਸਾਧਨਾਂ ਵਿਚ ਪੁੱਗੇ ਹੋਏ ਜੋਗੀਆਂ ਨਾਲ ਭੀ ਸਾਂਝ ਨਹੀਂ ਪਾਂਦਾ (ਭਾਵ, ਜੋਗ-ਸਾਧਨਾਂ ਦੀ ਰਾਹੀਂ ਉਹ ਨਾਮ-ਵਸਤੂ ਨਹੀਂ ਮਿਲਦੀ)।
37696	883	ਰਤਨ ਕੋਠੜੀ ਅੰਮ੍ਰਿਤ ਸੰਪੂਰਨ ਸਤਿਗੁਰ ਕै ਖਜਾਨੈ॥੧॥		Rathan Kotharree Anmrith Sanpooran Sathigur Kai Khajaanai ||1||	There is a chamber filled with jewels, overflowing with Ambrosial Nectar, in the Guru's Treasury. ||1||	ਹੇ ਭਾਈ! ਉਹ ਕੀਮਤੀ ਪਦਾਰਥ ਗੁਰੂ ਦੇ ਖ਼ਜ਼ਾਨੇ ਵਿਚ ਹੈ। ਉਹ ਪਦਾਰਥ ਹੈ-ਪ੍ਰਭੂ ਦੇ ਆਤਮਕ ਜੀਵਨ ਦੇਣ ਵਾਲੇ ਗੁਣ-ਰਤਨਾਂ ਨਾਲ ਨਕਾ-ਨਕ ਭਰੀ ਹੋਈ ਹਿਰਦਾ-ਕੋਠੜੀ ॥੧॥
37697	883	ਅਚਰਜੁ ਕਿਛੁ ਕਹਣੁ ਨ ਜਾਈ॥	ਅ-ਚਰਜੁ	Acharaj Kishh Kehan N Jaaee ||	This thing is wonderful and amazing! It cannot be described.	ਹੇ ਭਾਈ! ਇਕ ਅਨੋਖਾ ਤਮਾਸ਼ਾ ਬਣਿਆ ਪਿਆ ਹੈ, ਜਿਸ ਦੀ ਬਾਬਤ ਕੁਝ ਦੱਸਿਆ ਨਹੀਂ ਜਾ ਸਕਦਾ।
37698	883	ਬਸਤੁ ਅਗੋਚਰ ਭਾਈ॥੧॥ਰਹਾਉ॥		Basath Agochar Bhaaee ||1|| Rehaao ||	It is an unfathomable object, O Siblings of Destiny! ||1||Pause||	(ਅਨੋਖਾ ਤਮਾਸ਼ਾ ਇਹ ਹੈ ਕਿ ਗੁਰੂ ਦੇ ਖ਼ਜ਼ਾਨੇ ਵਿਚ ਹੀ ਪ੍ਰਭੂ ਦਾ ਨਾਮ ਇਕ) ਕੀਮਤੀ ਚੀਜ਼ ਹੈ ਜਿਸ ਤਕ (ਮਨੁੱਖ ਦੇ) ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ ॥੧॥ ਰਹਾਉ ॥

37699	883	ਮੋਲੁ ਨਾਹੀ ਕਛੁ ਕਰਣੈ ਜੋਗਾ ਕਿਆ ਕੋ ਕਹੈ ਸੁਣਾਵੈ॥		Mol Naahee Kashh Karanai Jogaa Kiaa Ko Kehai Sunaavai ||	Its value cannot be estimated at all; what can anyone say about it?	ਹੇ ਭਾਈ! ਉਸ ਨਾਮ-ਵਸਤੂ ਦਾ ਮੁੱਲ ਕੋਈ ਭੀ ਜੀਵ ਨਹੀਂ ਪਾ ਸਕਦਾ। ਕੋਈ ਭੀ ਜੀਵ ਉਸ ਦਾ ਮੁੱਲ ਕਹਿ ਨਹੀਂ ਸਕਦਾ, ਦੱਸ ਨਹੀਂ ਸਕਦਾ।
37700	883	ਕਥਨ ਕਹਣ ਕਉ ਸੋਝੀ ਨਾਹੀ ਜੋ ਪੇਖੈ ਤਿਸੁ ਬਣਿ ਆਵੈ॥੨॥		Kathhan Kehan Ko Sojhee Naahee Jo Paekhai This Ban Aavai ||2||	By speaking and describing it, it cannot be understood; only one who sees it realizes it. ||2||	(ਉਸ ਕੀਮਤੀ ਪਦਾਰਥ ਦੀਆਂ ਸਿਫ਼ਤਾਂ) ਦੱਸਣ ਵਾਸਤੇ ਕਿਸੇ ਦੀ ਭੀ ਅਕਲ ਕੰਮ ਨਹੀਂ ਕਰ ਸਕਦੀ। ਹਾਂ, ਜੇਹੜਾ ਮਨੁੱਖ ਉਸ ਵਸਤ ਨੂੰ ਵੇਖ ਲੈਂਦਾ ਹੈ, ਉਸ ਦਾ ਉਸ ਨਾਲ ਪਿਆਰ ਬਣ ਜਾਂਦਾ ਹੈ ॥੨॥
37701	883	ਸੋਈ ਜਾਣੈ ਕਰਣੈਹਾਰਾ ਕੀਤਾ ਕਿਆ ਬੇਚਾਰਾ॥		Soee Jaanai Karanaihaaraa Keethaa Kiaa Baechaaraa ||	Only the Creator Lord knows it; what can any poor creature do?	ਹੇ ਭਾਈ! ਜਿਸ ਸਿਰਜਣਹਾਰ ਨੇ ਉਹ ਪਦਾਰਥ ਬਣਾਇਆ ਹੈ, ਉਸ ਦਾ ਮੁੱਲ ਉਹ ਆਪ ਹੀ ਜਾਣਦਾ ਹੈ। ਉਸ ਦੇ ਪੈਦਾ ਕੀਤੇ ਹੋਏ ਜੀਵ ਵਿਚ ਅਜੇਹੀ ਸਮਰਥਾ ਨਹੀਂ ਹੈ।
37702	883	ਆਪਣੀ ਗਤਿ ਮਿਤਿ ਆਪੇ ਜਾਣੈ ਹਰਿ ਆਪੇ ਪੂਰ ਭੰਡਾਰਾ॥੩॥		Aapanee Gath Mith Aapae Jaanai Har Aapae Poor Bhanddaaraa ||3||	Only He Himself knows His own state and extent. The Lord Himself is the treasure overflowing. ||3||	ਪ੍ਰਭੂ ਆਪ ਹੀ ਉਸ ਕੀਮਤੀ ਪਦਾਰਥ ਨਾਲ ਭਰੇ ਹੋਏ ਖ਼ਜ਼ਾਨਿਆਂ ਦਾ ਮਾਲਕ ਹੈ। ਤੇ, ਉਹ ਆਪ ਕਿਹੋ ਜਿਹਾ ਹੈ, ਕੇਡਾ ਵੱਡਾ ਹੈ-ਇਹ ਗੱਲ ਉਹ ਆਪ ਹੀ ਜਾਣਦਾ ਹੈ ॥੩॥

37703	883	ਐਸਾ ਰਸੁ ਅੰਮ੍ਰਿਤੁ ਮਨਿ ਚਾਖਿਆ ਤ੍ਰਿਪਤਿ ਰਹੇ ਆਘਾਈ॥		Aisaa Ras Anmrith Man Chaakhiaa Thripath Rehae Aaghaaee ||	Tasting such Ambrosial Nectar, the mind remains satisfied and satiated.	ਆਤਮਕ ਜੀਵਨ ਦੇਣ ਵਾਲੇ ਉਸ ਅਸਚਰਜ ਨਾਮ-ਰਸ ਨੂੰ (ਗੁਰੂ ਦੀ ਕਿਰਪਾ ਨਾਲ) ਮੈਂ ਆਪਣੇ ਮਨ ਵਿਚ ਚੱਖਿਆ ਹੈ, ਹੁਣ ਮੈਂ (ਮਾਇਆ ਦੀ ਤ੍ਰਿਸ਼ਨਾ ਵਲੋਂ) ਪੂਰੇ ਤੌਰ ਤੇ ਰੱਜ ਗਿਆ ਹਾਂ।
37704	883	ਕਹੁ ਨਾਨਕ ਮੇਰੀ ਆਸਾ ਪੂਰੀ ਸਤਿਗੁਰ ਕੀ ਸਰਣਾਈ॥੪॥੪॥		Kahu Naanak Maeree Aasaa Pooree Sathigur Kee Saranaaee ||4||4||	Says Nanak, my hopes are fulfilled; I have found the Guru's Sanctuary. ||4||4||	ਨਾਨਕ ਆਖਦਾ ਹੈ- ਗੁਰੂ ਦੀ ਸਰਨ ਪੈ ਕੇ ਮੇਰੀ ਲਾਲਸਾ ਪੂਰੀ ਹੋ ਗਈ ਹੈ (ਮੈਨੂੰ ਉਹ ਕੀਮਤੀ ਪਦਾਰਥ ਮਿਲ ਗਿਆ ਹੈ) ॥੪॥੪॥
37705	884	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
37706	884	ਅੰਗੀਕਾਰੁ ਕੀਆ ਪ੍ਰਭਿ ਅਪਨੈ ਬੈਰੀ ਸਗਲੇ ਸਾਧੇ॥	ਸੱਾਧੇ	Angeekaar Keeaa Prabh Apanai Bairee Sagalae Saadhhae ||	God has made me His own, and vanquished all my enemies.	ਹੇ ਭਾਈ! ਪਿਆਰੇ ਪ੍ਰਭੂ ਨੇ ਜਿਸ ਮਨੁੱਖ ਨੂੰ ਆਪਣੀ ਚਰਨੀਂ ਲਾ ਲਿਆ, ਉਸ ਦੇ ਉਸ ਨੇ (ਕਾਮਾਦਿਕ) ਸਾਰੇ ਹੀ ਵੈਰੀ ਵੱਸ ਵਿਚ ਕਰ ਦਿੱਤੇ।
37707	884	ਜਿਨਿ ਬੈਰੀ ਹੈ ਇਹੁ ਜਗੁ ਲੂਟਿਆ ਤੇ ਬੈਰੀ ਲੈ ਬਾਧੇ॥੧॥	ਬੱਾਧੇ	Jin Bairee Hai Eihu Jag Loottiaa Thae Bairee Lai Baadhhae ||1||	Those enemies who have plundered this world, have all been placed in bondage. ||1||	(ਕਾਮਾਦਿਕ) ਜਿਸ ਜਿਸ ਵੈਰੀ ਨੇ ਇਹ ਜਗਤ ਲੁੱਟ ਲਿਆ ਹੈ, (ਪ੍ਰਭੂ ਨੇ ਉਸ ਦੇ) ਉਹ ਸਾਰੇ ਵੈਰੀ ਫੜ ਕੇ ਬੰਨ੍ਹ ਦਿੱਤੇ ॥੧॥

37708	884	ਸਤਿਗੁਰੁ ਪਰਮੇਸਰੁ ਮੇਰਾ॥		Sathigur Paramaesar Maeraa ||	The True Guru is my Transcendent Lord.	ਹੇ ਭਾਈ! ਮੇਰਾ ਤਾਂ ਗੁਰੂ ਰਾਖਾ ਹੈ, ਪਰਮਾਤਮਾ ਰਾਖਾ ਹੈ (ਉਹੀ ਮੈਨੂੰ ਕਾਮਾਦਿਕ ਵੈਰੀਆਂ ਤੋਂ ਬਚਾਣ ਵਾਲਾ ਹੈ।
37709	884	ਅਨਿਕ ਰਾਜ ਭੋਗ ਰਸ ਮਾਣੀ ਨਾਉ ਜਪੀ ਭਰਵਾਸਾ ਤੇਰਾ॥੧॥ਰਹਾਉ॥		Anik Raaj Bhog Ras Maanee Naao Japee Bharavaasaa Thaeraa ||1|| Rehaao ||	I enjoy countless pleasures of power and tasty delights, chanting Your Name, and placing my faith in You. ||1||Pause||	ਹੇ ਪ੍ਰਭੂ! ਮੈਨੂੰ ਤੇਰਾ ਹੀ ਆਸਰਾ ਹੈ (ਮੇਹਰ ਕਰ) ਮੈਂ ਤੇਰਾ ਨਾਮ ਜਪਦਾ ਰਹਾਂ (ਨਾਮ ਦੀ ਬਰਕਤ ਨਾਲ ਇਉਂ ਜਾਪਦਾ ਹੈ ਕਿ) ਮੈਂ ਰਾਜ ਦੇ ਅਨੇਕਾਂ ਭੋਗ ਤੇ ਰਸ ਮਾਣ ਰਿਹਾ ਹਾਂ ॥੧॥ ਰਹਾਉ ॥
37710	884	ਚੀਤਿ ਨ ਆਵਸਿ ਦੂਜੀ ਬਾਤਾ ਸਿਰ ਊਪਰਿ ਰਖਵਾਰਾ॥		Cheeth N Aavas Dhoojee Baathaa Sir Oopar Rakhavaaraa ||	I do not think of any other at all. The Lord is my protector, above my head.	ਹੇ ਭਾਈ! ਪਰਮਾਤਮਾ (ਜਿਸ ਮਨੁੱਖ ਦੇ) ਸਿਰ ਉੱਤੇ ਰਾਖਾ ਬਣਦਾ ਹੈ, ਉਸ ਮਨੁੱਖ ਦੇ ਚਿੱਤ ਵਿਚ (ਪਰਮਾਤਮਾ ਦੇ ਨਾਮ ਤੋਂ ਬਿਨਾ, ਕਾਮਾਦਿਕ ਦਾ) ਕੋਈ ਹੋਰ ਫੁਰਨਾ ਉਠਦਾ ਹੀ ਨਹੀਂ।
37711	884	ਬੇਪਰਵਾਹੁ ਰਹਤ ਹੈ ਸੁਆਮੀ ਇਕ ਨਾਮ ਕੈ ਆਧਾਰਾ॥੨॥		Baeparavaahu Rehath Hai Suaamee Eik Naam Kai Aadhhaaraa ||2||	I am carefree and independent, when I have the Support of Your Name, O my Lord and Master. ||2||	ਹੇ ਮਾਲਕ-ਪ੍ਰਭੂ! ਸਿਰਫ਼ ਤੇਰੇ ਨਾਮ ਦੇ ਆਸਰੇ ਉਹ ਮਨੁੱਖ (ਦੁਨੀਆ ਦੀਆਂ ਹੋਰ ਗ਼ਰਜ਼ਾਂ ਵਲੋਂ) ਬੇ-ਪਰਵਾਹ ਰਹਿੰਦਾ ਹੈ ॥੨॥

37712	884	ਪੂਰਨ ਹੋਇ ਮਿਲਿਓ ਸੁਖਦਾਈ ਊਨ ਨ ਕਾਈ ਬਾਤਾ॥		Pooran Hoe Miliou Sukhadhaaee Oon N Kaaee Baathaa ||	I have become perfect, meeting with the Giver of peace, and now, I lack nothing at all.	ਹੇ ਭਾਈ! ਜਿਸ ਨੂੰ ਸਾਰੇ ਸੁਖ ਦੇਣ ਵਾਲਾ ਪ੍ਰਭੂ ਮਿਲ ਪੈਂਦਾ ਹੈ, ਉਹ (ਉੱਚੇ ਆਤਮਕ ਗੁਣਾਂ ਨਾਲ) ਭਰਪੂਰ ਹੋ ਜਾਂਦਾ ਹੈ। ਉਹ ਕਿਸੇ ਗੱਲੇ ਮੁਥਾਜ ਨਹੀਂ ਰਹਿੰਦਾ।
37713	884	ਤਤੁ ਸਾਰੁ ਪਰਮਪਦੁ ਪਾਇਆ ਛੋਡਿ ਨ ਕਤਹੂ ਜਾਤਾ॥੩॥	ਤੱਤੁ	Thath Saar Param Padh Paaeiaa Shhodd N Kathehoo Jaathaa ||3||	I have obtained the essence of excellence, the supreme status; I shall not forsake it to go anywhere else. ||3||	ਉਹ ਮਨੁੱਖ ਜਗਤ ਦੇ ਮੂਲ-ਪ੍ਰਭੂ ਨੂੰ ਲੱਭ ਲੈਂਦਾ ਹੈ, ਉਹ ਜੀਵਨ ਦਾ ਅਸਲ ਮਨੋਰਥ ਹਾਸਲ ਕਰ ਲੈਂਦਾ ਹੈ, ਉਹ ਸਭ ਤੋਂ ਉੱਚਾ ਆਤਮਕ ਦਰਜਾ ਪ੍ਰਾਪਤ ਕਰ ਲੈਂਦਾ ਹੈ, ਤੇ, ਇਸ ਨੂੰ ਛੱਡ ਕੇ ਕਿਸੇ ਹੋਰ ਪਾਸੇ ਨਹੀਂ ਭਟਕਦਾ ॥੩॥
37714	884	ਬਰਨਿ ਨ ਸਾਕਉ ਜੈਸਾ ਤੂ ਹੈ ਸਾਚੇ ਅਲਖ ਅਪਾਰਾ॥	ਅ-ਲਖ	Baran N Saako Jaisaa Thoo Hai Saachae Alakh Apaaraa ||	I cannot describe how You are, O True Lord, unseen, infinite,	ਹੇ ਸਦਾ ਕਾਇਮ ਰਹਿਣ ਵਾਲੇ! ਹੇ ਅਲੱਖ! ਹੇ ਬੇਅੰਤ! ਮੈਂ ਬਿਆਨ ਨਹੀਂ ਕਰ ਸਕਦਾ ਕਿ ਤੂੰ ਕਿਹੋ ਜਿਹਾ ਹੈਂ।
37715	884	ਅਤੁਲ ਅਥਾਹ ਅਡੋਲ ਸੁਆਮੀ ਨਾਨਕ ਖਸਮੁ ਹਮਾਰਾ॥੪॥੫॥	ਅ-ਤੁੱਲ	Athul Athhaah Addol Suaamee Naanak Khasam Hamaaraa ||4||5||	Immeasurable, unfathomable and unmoving Lord. O Nanak, He is my Lord and Master. ||4||5||	ਹੇ ਨਾਨਕ! (ਆਖ-) ਹੇ ਬੇ-ਮਿਸਾਲ ਪ੍ਰਭੂ! ਹੇ ਅਥਾਹ! ਹੇ ਅਡੋਲ ਮਾਲਕ! ਤੂੰ ਹੀ ਮੇਰਾ ਖਸਮ ਹੈਂ ॥੪॥੫॥
37716	884	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	

37717	884	ਤੂ ਦਾਨਾ ਤੂ ਅਬਿਚਲੁ ਤੂਹੀ ਤੂ ਜਾਤਿ ਮੇਰੀ ਪਾਤੀ॥	ਪ੍ਰਾਤੀ	Thoo Dhaanaa Thoo Abichal Thoohee Thoo Jaath Maeree Paathee ||	You are wise; You are eternal and unchanging. You are my social class and honor.	ਹੇ ਮੇਰੇ ਪ੍ਰਭੂ-ਪਾਤਿਸ਼ਾਹ! ਤੂੰ ਮੇਰੇ ਦਿਲ ਦੀ ਜਾਣਨ ਵਾਲਾ ਹੈਂ, ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ ਹੀ ਮੇਰੀ ਜਾਤ ਹੈਂ, ਤੂੰ ਹੀ ਮੇਰੀ ਕੁਲ ਹੈਂ (ਉੱਚੀ ਜਾਤਿ ਕੁਲ ਦਾ ਮਾਣ ਹੋਣ ਦੇ ਥਾਂ ਮੈਨੂੰ ਇਹੀ ਭਰੋਸਾ ਹੈ ਕਿ ਤੂੰ ਹੀ ਹਰ ਵੇਲੇ ਮੇਰੇ ਅੰਗ-ਸੰਗ ਹੈਂ)।
37718	884	ਤੂ ਅਡੋਲੁ ਕਦੇ ਡੋਲਹਿ ਨਾਹੀ ਤਾ ਹਮ ਕੈਸੀ ਤਾਤੀ॥੧॥	ਤ੍ਰਾਤੀ	Thoo Addol Kadhae Ddolehi Naahee Thaa Ham Kaisee Thaathee ||1||	You are unmoving - You never move at all. How can I be worried? ||1||	ਹੇ ਪਾਤਿਸ਼ਾਹ! ਮਾਇਆ ਦੇ ਝਕੋਲੇ ਤੇਰੇ ਉਤੇ ਅਸਰ ਨਹੀਂ ਕਰ ਸਕਦੇ, ਤੂੰ (ਮਾਇਆ ਦੇ ਟਾਕਰੇ ਤੇ) ਕਦੇ ਡੋਲਦਾ ਨਹੀਂ (ਜੇ ਮੇਰੇ ਉਤੇ ਤੇਰੀ ਕਿਰਪਾ ਰਹੇ ਤਾਂ) ਮੈਨੂੰ ਭੀ ਕੋਈ ਚਿੰਤਾ-ਫ਼ਿਕਰ ਪੋਹ ਨਹੀਂ ਸਕਦਾ ॥੧॥
37719	884	ਏਕੈ ਏਕੈ ਏਕ ਤੂਹੀ॥		Eaekai Eaekai Eaek Thoohee ||	You alone are the One and only Lord;	(ਅਸਾਂ ਜੀਵਾਂ ਦਾ) ਇਕ ਤੂੰ ਹੀ (ਖਸਮ) ਹੈਂ, ਤੂੰ ਹੀ ਹੈਂ।
37720	884	ਏਕੈ ਏਕੈ ਤੂ ਰਾਇਆ॥		Eaekai Eaekai Thoo Raaeiaa ||	You alone are the king.	ਹੇ ਪ੍ਰਭੂ ਪਾਤਿਸ਼ਾਹ! ਸਿਰਫ਼ ਇਕ ਤੂੰ ਹੀ (ਖਸਮ) ਹੈਂ, ਤੂੰ ਹੀ ਹੈਂ।
37721	884	ਤਉ ਕਿਰਪਾ ਤੇ ਸੁਖੁ ਪਾਇਆ॥੧॥ਰਹਾਉ ॥		Tho Kirapaa Thae Sukh Paaeiaa ||1|| Rehaao ||	By Your Grace, I have found peace. ||1||Pause||	ਤੇਰੀ ਮੇਹਰ ਨਾਲ ਹੀ ਅਸੀਂ ਸੁਖ ਹਾਸਲ ਕਰਦੇ ਹਾਂ ॥੧॥ ਰਹਾਉ ॥

37722	884	ਤੂ ਸਾਗਰੁ ਹਮ ਹੰਸ ਤੁਮਾਰੇ ਤੁਮ ਮਹਿ ਮਾਣਕ ਲਾਲਾ॥		Thoo Saagar Ham Hans Thumaarae Thum Mehi Maanak Laalaa ||	You are the ocean, and I am Your swan; the pearls and rubies are in You.	ਹੇ ਮੇਰੇ ਪ੍ਰਭੂ-ਪਾਤਿਸ਼ਾਹ! ਤੂੰ ਸਮੁੰਦਰ ਹੈਂ, ਅਸੀਂ ਤੇਰੇ ਹੰਸ ਹਾਂ, ਤੇਰੇ (ਚਰਨਾਂ) ਵਿਚ ਰਹਿ ਕੇ (ਤੇਰੀ ਸਿਫ਼ਤਿ-ਸਾਲਾਹ ਦੇ) ਮੋਤੀ ਤੇ ਲਾਲ ਪ੍ਰਾਪਤ ਕਰਦੇ ਹਾਂ।
37723	884	ਤੁਮ ਦੇਵਹੁ ਤਿਲੁ ਸੰਕ ਨ ਮਾਨਹੁ ਹਮ ਭੁੰਚਹ ਸਦਾ ਨਿਹਾਲਾ॥੨॥		Thum Dhaevahu Thil Sank N Maanahu Ham Bhuncheh Sadhaa Nihaalaa ||2||	You give, and You do not hesitate for an instant; I receive, forever enraptured. ||2||	(ਇਹ ਮੋਤੀ ਲਾਲ) ਤੂੰ ਸਾਨੂੰ ਦੇਂਦਾ ਹੈਂ (ਸਾਡੇ ਔਗੁਣਾਂ ਵਲ ਤੱਕ ਕੇ) ਤੂੰ ਦੇਣੋਂ ਰਤਾ ਭਰ ਭੀ ਝਿਜਕ ਨਹੀਂ ਕਰਦਾ। ਅਸੀਂ ਜੀਵ ਉਹ ਮੋਤੀ ਲਾਲ ਸਦਾ ਵਰਤਦੇ ਹਾਂ ਤੇ ਪ੍ਰਸੰਨ ਰਹਿੰਦੇ ਹਾਂ ॥੨॥
37724	884	ਹਮ ਬਾਰਿਕ ਤੁਮ ਪਿਤਾ ਹਮਾਰੇ ਤੁਮ ਮੁਖਿ ਦੇਵਹੁ ਖੀਰਾ॥		Ham Baarik Thum Pithaa Hamaarae Thum Mukh Dhaevahu Kheeraa ||	I am Your child, and You are my father; You place the milk in my mouth.	ਹੇ ਮੇਰੇ ਪ੍ਰਭੂ-ਪਾਤਿਸ਼ਾਹ! ਅਸੀਂ ਜੀਵ ਤੇਰੇ ਬੱਚੇ ਹਾਂ, ਤੂੰ ਸਾਡਾ ਪਿਉ ਹੈਂ, ਤੂੰ ਸਾਡੇ ਮੂੰਹ ਵਿਚ ਦੁੱਧ ਪਾਂਦਾ ਹੈਂ।
37725	884	ਹਮ ਖੇਲਹ ਸਭਿ ਲਾਡ ਲਡਾਵਹ ਤੁਮ ਸਦ ਗੁਣੀ ਗਹੀਰਾ॥੩॥		Ham Khaeleh Sabh Laadd Laddaaveh Thum Sadh Gunee Geheeraa ||3||	I play with You, and You caress me in every way. You are forever the ocean of excellence. ||3||	(ਤੇਰੀ ਗੋਦ ਵਿਚ) ਅਸੀਂ ਖੇਡਦੇ ਹਾਂ, ਸਾਰੇ ਲਾਡ ਕਰਦੇ ਹਾਂ, ਤੂੰ ਗੁਣਾਂ ਦਾ ਮਾਲਕ ਸਦਾ ਗੰਭੀਰ ਰਹਿੰਦਾ ਹੈਂ (ਅਸਾਂ ਬੱਚਿਆਂ ਦੇ ਔਗੁਣਾਂ ਵਲ ਨਹੀਂ ਤੱਕਦਾ) ॥੩॥

37726	884	ਤੁਮ ਪੂਰਨ ਪੂਰਿ ਰਹੇ ਸੰਪੂਰਨ ਹਮ ਭੀ ਸੰਗਿ ਅਘਾਏ॥		Thum Pooran Poor Rehae Sanpooran Ham Bhee Sang Aghaaeae ||	You are perfect, perfectly all-pervading; I am fulfilled with You as well.	ਹੇ ਮੇਰੇ ਪ੍ਰਭੂ-ਪਾਤਿਸ਼ਾਹ! ਤੂੰ ਸਰਬ-ਵਿਆਪਕ ਹੈਂ, ਮੁਕੰਮਲ ਤੌਰ ਤੇ ਹਰ ਥਾਂ ਮੌਜੂਦ ਹੈਂ, ਅਸੀਂ ਜੀਵ ਭੀ ਤੇਰੇ ਚਰਨਾਂ ਵਿਚ ਰਹਿ ਕੇ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜੇ ਰਹਿੰਦੇ ਹਾਂ।
37727	884	ਮਿਲਤ ਮਿਲਤ ਮਿਲਤ ਮਿਲਿ ਰਹਿਆ ਨਾਨਕ ਕਹਣੁ ਨ ਜਾਏ॥੪॥੬॥		Milath Milath Milath Mil Rehiaa Naanak Kehan N Jaaeae ||4||6||	I am merged, merged, merged and remain merged; O Nanak, I cannot describe it! ||4||6||	ਹੇ ਨਾਨਕ! (ਆਖ-ਪ੍ਰਭੂ-ਪਾਤਿਸ਼ਾਹ ਦੀ ਮੇਹਰ ਨਾਲ ਜੇਹੜਾ ਜੀਵ ਉਸ ਪ੍ਰਭੂ ਨੂੰ) ਮਿਲਣ ਦਾ ਜਤਨ ਹਰ ਵੇਲੇ ਕਰਦਾ ਰਹਿੰਦਾ ਹੈ, ਉਹ ਹਰ ਵੇਲੇ ਉਸ ਵਿਚ ਮਿਲਿਆ ਰਹਿੰਦਾ ਹੈ, ਤੇ, ਉਸ ਜੀਵ ਦੀ ਉੱਚੀ ਆਤਮਕ ਅਵਸਥਾ ਦਾ ਬਿਆਨ ਨਹੀਂ ਕੀਤਾ ਜਾ ਸਕਦਾ ॥੪॥੬॥
37728	884	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
37729	884	ਕਰ ਕਰਿ ਤਾਲ ਪਖਾਵਜੁ ਨੈਨਹੁ ਮਾਥੈ ਵਜਹਿ ਰਬਾਬਾ॥		Kar Kar Thaal Pakhaavaj Nainahu Maathhai Vajehi Rabaabaa ||	Make your hands the cymbals, your eyes the tambourines, and your forehead the guitar you play.	ਹੇ ਭਾਈ! (ਹਰੇਕ ਜੀਵ ਦੇ) ਮੱਥੇ ਉਤੇ (ਲਿਖੇ ਲੇਖ, ਮਾਨੋ,) ਰਬਾਬ ਵੱਜ ਰਹੇ ਹਨ। ਹੱਥਾਂ ਨੂੰ ਛੈਣੇ ਬਣਾ ਕੇ ਅਤੇ ਅੱਖਾਂ ਨੂੰ ਤਬਲਾ ਬਣਾ ਕੇ (ਹਰ ਮਨੁੱਖ ਮਾਇਆ ਦਾ ਨਾਚ ਨੱਚ ਰਿਹਾ ਹੈ। ਹੱਥ ਮਾਇਆ ਕਮਾਣ ਵਿਚ ਲੱਗੇ ਪਏ ਹਨ, ਅੱਖਾਂ ਮਾਇਕ ਪਦਾਰਥਾਂ ਨੂੰ ਹੀ ਵੇਖ ਰਹੀਆਂ ਹਨ)।

37730	884	ਕਰਨਹੁ ਮਧੁ ਬਾਸੁਰੀ ਬਾਜੈ ਜਿਹਵਾ ਧੁਨਿ ਆਗਾਜਾ॥		Karanahu Madhh Baasuree Baajai Jihavaa Dhhun Aagaajaa ||	Let the sweet flute music resound in your ears, and with your tongue, vibrate this song.	(ਹਰੇਕ ਜੀਵ ਦੇ) ਕੰਨਾਂ ਵਿਚ (ਮਾਇਆ ਦੀ ਹੀ ਸ੍ਰੋਤ ਮਾਨੇ,) ਮਿੱਠੀ (ਸੁਰ ਵਾਲੀ) ਬੰਸਰੀ ਵੱਜ ਰਹੀ ਹੈ, (ਹਰੇਕ ਜੀਵ ਨੂੰ) ਜੀਭ ਦਾ ਚਸਕਾ (ਮਾਨੇ) ਰਾਗ ਹੋ ਰਿਹਾ ਹੈ।
37731	884	ਨਿਰਤਿ ਕਰੇ ਕਰਿ ਮਨੂਆ ਨਾਚੈ ਆਣੇ ਘੂਘਰ ਸਾਜਾ॥੧॥		Nirath Karae Kar Manooaa Naachai Aanae Ghooghar Saajaa ||1||	Move your mind like the rhythmic hand-motions; do the dance, and shake your ankle bracelets. ||1||	(ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਨੂੰ) ਘੁੰਘਰੂ ਆਦਿਕ ਸਾਜ ਬਣਾ ਕੇ ਹਰ ਵੇਲੇ (ਮਾਇਆ ਦੇ ਹੱਥਾਂ ਤੇ) ਨੱਚ ਰਿਹਾ ਹੈ ॥੧॥
37732	884	ਰਾਮ ਕੋ ਨਿਰਤਿਕਾਰੀ॥		Raam Ko Nirathikaaree ||	This is the rhythmic dance of the Lord.	(ਹੇ ਭਾਈ! ਜਗਤ ਵਿਚ) ਪਰਮਾਤਮਾ (ਦੀ ਰਚੀ ਰਚਨਾ) ਦਾ ਨਾਚ ਹੋ ਰਿਹਾ ਹੈ।
37733	884	ਪੇਖੈ ਪੇਖਨਹਾਰੁ ਦਇਆਲਾ ਜੇਤਾ ਸਾਜੁ ਸੀਗਾਰੀ॥੧॥ਰਹਾਉ ॥		Paekhai Paekhanehaar Dhaeiaalaa Jaethaa Saaj Seegaaree ||1|| Rehaao ||	The Merciful Audience, the Lord, sees all your make-up and decorations. ||1||Pause||	(ਇਸ ਨਾਚ ਨੂੰ) ਵੇਖਣ ਦੀ ਸਮਰਥਾ ਵਾਲਾ ਦਇਆਵਾਨ ਪ੍ਰਭੂ (ਨਾਚ ਦੇ) ਇਸ ਸਾਰੇ ਸਾਜ ਸਿੰਗਾਰ ਨੂੰ ਆਪ ਵੇਖ ਰਿਹਾ ਹੈ ॥੧॥ ਰਹਾਉ ॥
37734	884	ਆਖਾਰ ਮੰਡਲੀ ਧਰਣਿ ਸਬਾਈ ਊਪਰਿ ਗਗਨੁ ਚੰਦੋਆ॥		Aakhaar Manddalee Dhharan Sabaaee Oopar Gagan Chandhoaa ||	The whole earth is the stage, with the canopy of the sky overhead.	(ਹੇ ਭਾਈ! ਸਭ ਜੀਵਾਂ ਦੇ ਮਨਾਂ ਦੇ ਨੱਚਣ ਵਾਸਤੇ) ਸਾਰੀ ਧਰਤੀ ਅਖਾੜਾ ਬਣੀ ਹੋਈ ਹੈ, ਇਸ ਦੇ ਉੱਪਰ ਆਕਾਸ਼-ਚੰਦੋਆ ਬਣਿਆ ਤਣਿਆ ਹੋਇਆ ਹੈ।

37735	884	ਪਵਨੁ ਵਿਚੋਲਾ ਕਰਤ ਇਕੇਲਾ ਜਲ ਤੇ ਓਪਤਿ ਹੋਆ॥		Pavan Vicholaa Karath Eikaelaa Jal Thae Oupath Hoaa ||	The wind is the director; people are born of water.	(ਜੇਹੜਾ ਸਰੀਰ) ਪਾਣੀ ਤੋਂ ਪੈਦਾ ਹੁੰਦਾ ਹੈ (ਉਸ ਦਾ ਅਤੇ ਜਿੰਦ ਦਾ) ਮਿਲਾਪ ਕਰਾਈ ਰੱਖਣ ਵਾਲਾ (ਹਰੇਕ ਜੀਵ ਦੇ ਅੰਦਰ ਚੱਲ ਰਿਹਾ ਹਰੇਕ) ਸੁਆਸ ਹੈ।
37736	884	ਪੰਚ ਤਤੁ ਕਰਿ ਪੁਤਰਾ ਕੀਨਾ ਕਿਰਤ ਮਿਲਾਵਾ ਹੋਆ॥੨॥	ਪੁਤਰਾ:ਪੋਲਾ ਬੋਲੋ	Panch Thath Kar Putharaa Keenaa Kirath Milaavaa Hoaa ||2||	From the five elements, the puppet was created with its actions. ||2||	ਪੰਜ ਤੱਤਾਂ ਨੂੰ ਮਿਲਾ ਕੇ (ਪਰਮਾਤਮਾ ਨੇ ਹਰੇਕ ਜੀਵ ਦਾ) ਸਰੀਰ ਬਣਾਇਆ ਹੋਇਆ ਹੈ। (ਜੀਵ ਦੇ ਪਿਛਲੇ ਕੀਤੇ ਹੋਏ) ਕਰਮਾਂ ਅਨੁਸਾਰ ਸਰੀਰ ਦਾ ਮਿਲਾਪ ਪ੍ਰਾਪਤ ਹੋਇਆ ਹੋਇਆ ਹੈ ॥੨॥
37737	884	ਚੰਦੁ ਸੂਰਜੁ ਦੁਇ ਜਰੇ ਚਰਾਗਾ ਚਹੁ ਕੁੰਟ ਭੀਤਰਿ ਰਾਖੇ॥		Chandh Sooraj Dhue Jarae Charaagaa Chahu Kuntt Bheethar Raakhae ||	The sun and the moon are the two lamps which shine, with the four corners of the world placed between them.	(ਹੇ ਭਾਈ! ਨਿਰਤ-ਕਾਰੀ ਵਾਲੇ ਇਸ ਧਰਤਿ-ਅਖਾੜੇ ਵਿਚ) ਚੰਦ ਅਤੇ ਸੂਰਜ ਦੋ ਦੀਵੇ ਬਲ ਰਹੇ ਹਨ, ਚੌਹੀਂ ਪਾਸੀਂ (ਚਾਨਣ ਦੇਣ ਲਈ) ਟਿਕਾਏ ਹੋਏ ਹਨ।
37738	884	ਦਸ ਪਾਤਉ ਪੰਚ ਸੰਗੀਤਾ ਏਕੈ ਭੀਤਰਿ ਸਾਥੇ॥	ਨ੍ਰਿਤਕਾਰੀ ਕਰਨ ਵਾਲੀਆਂ. ਦਸੇ (ਪਾਤਉ)ਇੰਦ੍ਰੀਆਂ ਰੂਪ, ਦਸ ਵੇਸਵਾਂ। (ਸੰਗੀਤਾ)ਗੌਣ ਵਾਲੇ, ਪੰਜ ਕਾਮ ਕ੍ਰੋਧਾ ਦਿ ਰੂਪ ਪੰਜ ਸੰਗੀਤਾ ਭੜੂਏ	Dhas Paatho Panch Sangeethaa Eaekai Bheethar Saathhae ||	The ten senses are the dancing girls, and the five passions are the chorus; they sit together within the one body.	(ਹਰੇਕ ਜੀਵ ਦੇ) ਦਸ ਇੰਦ੍ਰੇ ਅਤੇ ਪੰਜ (ਕਾਮਾਦਿਕ) ਡੂੰਮ ਇਕੋ ਸਰੀਰ ਵਿਚ ਹੀ ਇਕੱਠੇ ਹਨ।

37739	884	ਭਿੰਨ ਭਿੰਨ ਹੋਇ ਭਾਵ ਦਿਖਾਵਹਿ ਸਭਹੁ ਨਿਰਾਰੀ ਭਾਖੇ॥੩॥		Bhinn Bhinn Hoe Bhaav Dhikhaavehi Sabhahu Niraaree Bhaakhae ||3||	They all put on their own shows, and speak in different languages. ||3||	ਇਹ ਸਾਰੇ ਵੱਖ-ਵੱਖ ਹੋ ਕੇ ਆਪੋ ਆਪਣੇ ਭਾਵ (ਕਲੋਲ) ਵਿਖਾ ਰਹੇ ਹਨ, ਸਭਨਾਂ ਵਿਚ ਵੱਖਰੀ ਵੱਖਰੀ ਪ੍ਰੇਰਨਾ (ਕਾਮਨਾ) ਹੈ ॥੩॥
37740	884	ਘਰਿ ਘਰਿ ਨਿਰਤਿ ਹੋਵੈ ਦਿਨੁ ਰਾਤੀ ਘਟਿ ਘਟਿ ਵਾਜੈ ਤੂਰਾ ॥		Ghar Ghar Nirath Hovai Dhin Raathee Ghatt Ghatt Vaajai Thooraa ||	In each and every home there is dancing, day and night; in each and every home, the bugles blow.	ਹੇ ਭਾਈ! ਦਿਨ ਰਾਤ ਹਰੇਕ (ਜੀਵ ਦੇ ਹਰੇਕ) ਇੰਦ੍ਰੇ ਵਿਚ ਇਹ ਨਾਚ ਹੋ ਰਿਹਾ ਹੈ। ਹਰੇਕ ਸਰੀਰ ਵਿਚ ਮਾਇਆ ਦਾ ਵਾਜਾ ਵੱਜ ਰਿਹਾ ਹੈ।
37741	884	ਏਕਿ ਨਚਾਵਹਿ ਏਕਿ ਭਵਾਵਹਿ ਇਕਿ ਆਇ ਜਾਇ ਹੋਇ ਧੂਰਾ॥		Eaek Nachaavehi Eaek Bhavaavehi Eik Aae Jaae Hoe Dhhooraa ||	Some are made to dance, and some are whirled around; some come and some go, and some are reduced to dust.	ਮਾਇਆ ਦੇ ਕਈ ਵਾਜੇ ਜੀਵਾਂ ਨੂੰ ਨਚਾ ਰਹੇ ਹਨ, ਕਈ ਵਾਜੇ ਜੀਵਾਂ ਨੂੰ ਭਟਕਾਂਦੇ ਫਿਰਦੇ ਹਨ, ਬੇਅੰਤ ਜੀਵ (ਇਹਨਾਂ ਦੇ ਪ੍ਰਭਾਵ ਹੇਠ) ਖ਼ੁਆਰ ਹੋ ਹੋ ਕੇ ਜਨਮ ਮਰਨ ਦੇ ਗੇੜ ਵਿਚ ਪੈ ਰਹੇ ਹਨ।
37742	884	ਕਹੁ ਨਾਨਕ ਸੋ ਬਹੁਰਿ ਨ ਨਾਚੈ ਜਿਸੁ ਗੁਰੁ ਭੇਟੈ ਪੂਰਾ॥੪॥੭॥		Kahu Naanak So Bahur N Naachai Jis Gur Bhaettai Pooraa ||4||7||	Says Nanak, one who meets with the True Guru, does not have to dance the dance of reincarnation again. ||4||7||	ਨਾਨਕ ਆਖਦਾ ਹੈ- ਜਿਸ ਜੀਵ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, ਉਹ (ਮਾਇਆ ਦੇ ਹੱਥਾਂ ਤੇ) ਮੁੜ ਮੁੜ ਨਹੀਂ ਨੱਚਦਾ ॥੪॥੭॥
37743	885	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	

37744	885	ਓਅੰਕਾਰਿ ਏਕ ਧੁਨਿ ਏਕੈ ਏਕੈ ਰਾਗੁ ਅਲਾਪੈ॥		Ouankaar Eaek Dhhun Eaekai Eaekai Raag Alaapai ||	He sings the song of the One Universal Creator; he sings the tune of the One Lord.	(ਹੇ ਭਾਈ! ਪ੍ਰਭੂ ਦੇ ਦਰ ਤੇ ਰਾਸ ਪਾਣ ਵਾਲਾ ਉਹ ਮਨੁੱਖ) ਸਿਰਫ਼ ਇਕ ਪਰਮਾਤਮਾ (ਦੇ ਚਰਨਾਂ) ਵਿਚ ਲਿਵ ਲਾਈ ਰੱਖਦਾ ਹੈ, ਸਿਰਫ਼ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਂਦਾ ਰਹਿੰਦਾ ਹੈ,
37745	885	ਏਕਾ ਦੇਸੀ ਏਕੁ ਦਿਖਾਵੈ ਏਕੋ ਰਹਿਆ ਬਿਆਪੈ॥		Eaekaa Dhaesee Eaek Dhikhaavai Eaeko Rehiaa Biaapai ||	He lives in the land of the One Lord, shows the way to the One Lord, and remains attuned to the One Lord.	ਸਿਰਫ਼ ਪਰਮਾਤਮਾ ਦੇ ਚਰਨਾਂ ਵਿਚ ਟਿਕਿਆ ਰਹਿੰਦਾ ਹੈ, ਹੋਰਨਾਂ ਨੂੰ ਭੀ ਇਕ ਪਰਮਾਤਮਾ ਦਾ ਹੀ ਉਪਦੇਸ਼ ਕਰਦਾ ਹੈ, (ਉਸ ਰਾਸਧਾਰੀਏ ਨੂੰ) ਇਕ ਪਰਮਾਤਮਾ ਹੀ ਹਰ ਥਾਂ ਵੱਸਦਾ ਦਿੱਸਦਾ ਹੈ।
37746	885	ਏਕਾ ਸੁਰਤਿ ਏਕਾ ਹੀ ਸੇਵਾ ਏਕੋ ਗੁਰ ਤੇ ਜਾਪੈ॥੧॥		Eaekaa Surath Eaekaa Hee Saevaa Eaeko Gur Thae Jaapai ||1||	He centers his consciousness on the One Lord, and serves only the One Lord, who is known through the Guru. ||1||	ਉਸ ਦੀ ਸੁਰਤ ਸਿਰਫ਼ ਪਰਮਾਤਮਾ ਵਿਚ ਹੀ ਲੱਗੀ ਰਹਿੰਦੀ ਹੈ, ਉਹ ਸਿਰਫ਼ ਪ੍ਰਭੂ ਦੀ ਹੀ ਭਗਤੀ ਕਰਦਾ ਹੈ। ਗੁਰੂ ਪਾਸੋਂ (ਸਿੱਖਿਆ ਲੈ ਕੇ) ਉਹ ਸਿਰਫ਼ ਪਰਮਾਤਮਾ ਦਾ ਹੀ ਨਾਮ ਜਪਦਾ ਰਹਿੰਦਾ ਹੈ ॥੧॥
37747	885	ਭਲੋ ਭਲੋ ਰੇ ਕੀਰਤਨੀਆ॥		Bhalo Bhalo Rae Keerathaneeaa ||	Blessed and good is such a kirtanee, who sings such Praises.	ਹੇ ਭਾਈ! ਉਹੀ ਹੈ ਸਭ ਤੋਂ ਚੰਗਾ ਰਾਸਧਾਰੀਆ,
37748	885	ਰਾਮ ਰਮਾ ਰਾਮਾ ਗੁਨ ਗਾਉ॥		Raam Ramaa Raamaa Gun Gaao ||	He sings the Glorious Praises of the Lord,	ਜੇਹੜਾ ਮਨੁੱਖ ਸਰਬ-ਵਿਆਪਕ ਪਰਮਾਤਮਾ ਦੇ ਗੁਣ ਗਾਂਦਾ ਹੈ,

37749	885	ਛੋਡਿ ਮਾਇਆ ਕੇ ਧੰਧ ਸੁਆਉ॥੧॥ਰਹਾਉ॥		Shhodd Maaeiaa Kae Dhhandhh Suaao ||1|| Rehaao ||	And renounces the entanglements and pursuits of Maya. ||1||Pause||	ਅਤੇ ਮਾਇਆ ਦੇ ਧੰਧੇ ਛੱਡ ਕੇ, ਮਾਇਆ ਦੀ ਗ਼ਰਜ਼ ਛੱਡ ਕੇ (ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਹੈ) ॥੧॥ ਰਹਾਉ ॥
37750	885	ਪੰਚ ਬਜਿਤ੍ਰ ਕਰੇ ਸੰਤੋਖਾ ਸਾਤ ਸੁਰਾ ਲੈ ਚਾਲੈ॥	ਬ-ਜਿੱਤ੍ਰ। ਸੁਰਾਂ	Panch Bajithr Karae Santhokhaa Saath Suraa Lai Chaalai ||	He makes the five virtues, like contentment, his musical instruments, and plays the seven notes of the love of the Lord.	(ਹੇ ਭਾਈ! ਪ੍ਰਭੂ ਦੇ ਦਰ ਦਾ ਰਾਸਧਾਰੀਆ ਸਤ) ਸੰਤੋਖ (ਆਦਿਕ ਗੁਣਾਂ) ਨੂੰ ਪੰਜ (ਕਿਸਮ ਦੇ) ਸਾਜ ਬਣਾਂਦਾ ਹੈ, ਪ੍ਰਭੂ-ਚਰਨਾਂ ਵਿਚ ਲੀਨ ਰਹਿ ਕੇ ਉਹ ਦੁਨੀਆ ਦੀ ਕਿਰਤ-ਕਾਰ ਕਰਦਾ ਹੈ-ਇਹੀ ਉਸ ਵਾਸਤੇ (ਸਾ, ਰੇ ਆਦਿਕ) ਸੱਤ ਸੁਰਾਂ (ਦਾ ਆਲਾਪ ਹੈ)।
37751	885	ਬਾਜਾ ਮਾਣੁ ਤਾਣੁ ਤਜਿ ਤਾਨਾ ਪਾਉ ਨ ਬੀਗਾ ਘਾਲੈ॥	ਬੱਾਜਾ। ਤਾਨਾ:ਪੋਲਾ ਬੋਲੋ। ਬੀਂਗਾ	Baajaa Maan Thaan Thaj Thaanaa Paao N Beegaa Ghaalai ||	The notes he plays are the renunciation of pride and power; his feet keep the beat on the straight path.	ਉਹ ਮਨੁੱਖ ਆਪਣੀ ਤਾਕਤ ਦਾ ਭਰੋਸਾ ਤਿਆਗਦਾ ਹੈ-ਇਹੀ ਉਸ ਦਾ ਵਾਜਾ (ਵਜਾਣਾ) ਹੈ। ਉਹ ਮਨੁੱਖ ਮੰਦੇ ਪਾਸੇ ਪੈਰ ਨਹੀਂ ਧਰਦਾ-ਇਹੀ ਉਸ ਵਾਸਤੇ ਤਾਨ-ਪਲਟਾ (ਆਲਾਪ) ਹੈ।

37752	885	ਫੇਰੀ ਫੇਰੁ ਨ ਹੋਵੈ ਕਬ ਹੀ ਏਕੁ ਸਬਦੁ ਬੰਧਿ ਪਾਲੈ॥੨॥		Faeree Faer N Hovai Kab Hee Eaek Sabadh Bandhh Paalai ||2||	He does not enter the cycle of reincarnation ever again; he keeps the One Word of the Shabad tied to the hem of his robe. ||2||	ਉਹ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਪੱਲੇ ਬੰਨ੍ਹੀ ਰੱਖਦਾ ਹੈ (ਹਿਰਦੇ ਵਿਚ ਵਸਾਈ ਰੱਖਦਾ ਹੈ। ਇਸ ਸ਼ਬਦ ਦੀ ਬਰਕਤ ਨਾਲ ਉਸ ਨੂੰ) ਕਦੇ ਜਨਮ-ਮਰਨ ਦਾ ਗੇੜ ਨਹੀਂ ਹੁੰਦਾ- ਇਹੀ (ਰਾਸ ਪਾਣ ਵੇਲੇ) ਉਸ ਦੀ ਨਾਚ-ਭੁਆਂਟਣੀ ਹੈ ॥੨॥
37753	885	ਨਾਰਦੀ ਨਰਹਰ ਜਾਣਿ ਹਦੂਰੇ॥	(ਨਾਰਦੀ)ਭਗਤੀ	Naaradhee Narehar Jaan Hadhoorae ||	To play like Naarad, is to know that the Lord is ever-present.	(ਹੇ ਭਾਈ! ਪ੍ਰਭੂ ਦੇ ਦਰ ਦਾ ਰਾਸਧਾਰੀਆ) ਪਰਮਾਤਮਾ ਨੂੰ (ਸਦਾ ਆਪਣੇ) ਅੰਗ-ਸੰਗ ਜਾਣਦਾ ਹੈ-ਇਹ ਹੈ ਉਸ ਦੇ ਵਾਸਤੇ ਨਾਰਦ-ਭਗਤੀ ਵਾਲਾ ਨਾਚ।
37754	885	ਘੂੰਘਰ ਖੜਕੁ ਤਿਆਗਿ ਵਿਸੂਰੇ॥		Ghoonghar Kharrak Thiaag Visoorae ||	The tinkling of the ankle bells is the shedding of sorrows and worries.	(ਇਸ ਤਰ੍ਹਾਂ) ਉਹ (ਦੁਨੀਆ ਦੇ ਸਾਰੇ) ਚਿੰਤਾ-ਝੋਰੇ ਤਿਆਗ ਦੇਂਦਾ ਹੈ-ਇਹ ਹੈ ਉਸ ਲਈ ਘੂੰਘਰੂਆਂ ਦੀ ਛਣਕਾਰ।
37755	885	ਸਹਜ ਅਨੰਦ ਦਿਖਾਵੈ ਭਾਵੈ॥		Sehaj Anandh Dhikhaavai Bhaavai ||	The dramatic gestures of acting are celestial bliss.	(ਪ੍ਰਭੂ ਦੇ ਦਰ ਦਾ ਰਾਸਧਾਰੀਆ) ਆਤਮਕ ਅਡੋਲਤਾ ਦਾ ਸੁਖ ਮਾਣਦਾ ਹੈ (ਮਾਨੋ, ਉਹ) ਨਿਰਤਕਾਰੀ ਦੇ ਕਲੋਲ ਵਿਖਾ ਰਿਹਾ ਹੈ।
37756	885	ਏਹੁ ਨਿਰਤਿਕਾਰੀ ਜਨਮਿ ਨ ਆਵੈ॥੩॥		Eaehu Nirathikaaree Janam N Aavai ||3||	Such a dancer is not reincarnated again. ||3||	ਹੇ ਭਾਈ! ਜੇਹੜਾ ਭੀ ਮਨੁੱਖ ਇਹ ਨਿਰਤਕਾਰੀ ਕਰਦਾ ਹੈ, ਉਹ ਜਨਮਾਂ ਦੇ ਗੇੜ ਵਿਚ ਨਹੀਂ ਪੈਂਦਾ ॥੩॥

37757	885	ਜੇ ਕੋ ਅਪਨੇ ਠਾਕੁਰ ਭਾਵੈ॥		Jae Ko Apanae Thaakur Bhaavai ||	If anyone, out of millions of people, becomes pleasing to his Lord and Master,	ਹੇ ਭਾਈ! ਜੇ ਕ੍ਰੋੜਾਂ ਵਿਚੋਂ ਕੋਈ ਮਨੁੱਖ ਆਪਣੇ ਪਰਮਾਤਮਾ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ,
37758	885	ਕੋਟਿ ਮਧਿ ਏਹੁ ਕੀਰਤਨੁ ਗਾਵੈ॥		Kott Madhh Eaehu Keerathan Gaavai ||	He sings the Lord's Praises in this way.	ਤਾਂ ਉਹ (ਪ੍ਰਭੂ ਦਾ) ਇਹ ਕੀਰਤਨ ਗਾਂਦਾ ਹੈ।
37759	885	ਸਾਧਸੰਗਤਿ ਕੀ ਜਾਵਉ ਟੇਕ॥		Saadhhasangath Kee Jaavo Ttaek ||	I have taken the Support of the Saadh Sangat, the Company of the Holy.	ਮੈਂ ਤਾਂ ਸਾਧ ਸੰਗਤਿ ਦੀ ਸਰਨੀਂ ਪੈਂਦਾ ਹਾਂ,
37760	885	ਕਹੁ ਨਾਨਕ ਤਿਸੁ ਕੀਰਤਨੁ ਏਕ॥੪॥੮॥		Kahu Naanak This Keerathan Eaek ||4||8||	Says Nanak, the Kirtan of the One Lord's Praises are sung there. ||4||8||	ਕਿਉਂਕਿ ਨਾਨਕ ਆਖਦਾ ਹੈ- (ਸਾਧ ਸੰਗਤਿ ਨੂੰ ਕੀਰਤਨ ਹੀ ਜ਼ਿੰਦਗੀ ਦਾ) ਇਕੋ ਇਕ ਸਹਾਰਾ ਹੈ ॥੪॥੮॥
37761	885	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
37762	885	ਕੋਈ ਬੋਲੈ ਰਾਮ ਰਾਮ ਕੋਈ ਖੁਦਾਇ॥		Koee Bolai Raam Raam Koee Khudhaae ||	Some call Him, 'Raam, Raam', and some call Him, 'Khudaa-i'.	ਹੇ ਭਾਈ! ਕੋਈ ਮਨੁੱਖ (ਪਰਮਾਤਮਾ ਦਾ ਨਾਮ) 'ਰਾਮ ਰਾਮ' ਉਚਾਰਦਾ ਹੈ, ਕੋਈ ਉਸ ਨੂੰ 'ਖ਼ੁਦਾਇ, ਖ਼ੁਦਾਇ' ਆਖਦਾ ਹੈ।
37763	885	ਕੋਈ ਸੇਵੈ ਗੁਸਈਆ ਕੋਈ ਅਲਾਹਿ॥੧॥	ਅੱਲਾਹਿ	Koee Saevai Guseeaa Koee Alaahi ||1||	Some serve Him as 'Gusain', others as 'Allaah'. ||1||	ਕੋਈ ਮਨੁੱਖ ਉਸ ਨੂੰ 'ਗੋਸਾਈਂ' ਆਖ ਕੇ ਉਸ ਦੀ ਭਗਤੀ ਕਰਦਾ ਹੈ, ਕੋਈ 'ਅੱਲਾ' ਆਖ ਕੇ ਬੰਦਗੀ ਕਰਦਾ ਹੈ ॥੧॥

37764	885	ਕਾਰਣ ਕਰਣ ਕਰੀਮ॥		Kaaran Karan Kareem ||	He is the Cause of causes, the Generous Lord.	ਹੇ ਸਾਰੇ ਜਗਤ ਦੇ ਮੂਲ! ਹੇ ਬਖ਼ਸ਼ਿੰਦ!
37765	885	ਕਿਰਪਾ ਧਾਰਿ ਰਹੀਮ॥੧॥ਰਹਾਉ॥		Kirapaa Dhhaar Reheem ||1|| Rehaao ||	He showers His Grace and Mercy upon us. ||1||Pause||	ਹੇ ਕਿਰਪਾਲ! ਹੇ ਰਹਿਮ ਕਰਨ ਵਾਲੇ! (ਜੀਵਾਂ ਨੇ ਆਪੋ ਆਪਣੇ ਧਰਮ-ਪੁਸਤਕਾਂ ਦੀ ਬੋਲੀ ਅਨੁਸਾਰ ਤੇਰੇ ਵਖ ਵਖ ਨਾਮ ਰੱਖੇ ਹੋਏ ਹਨ, ਪਰ ਤੂੰ ਸਭ ਦਾ ਸਾਂਝਾ ਹੈਂ) ॥੧॥ ਰਹਾਉ ॥
37766	885	ਕੋਈ ਨਾਵੈ ਤੀਰਥਿ ਕੋਈ ਹਜ ਜਾਇ॥	ਨ੍ਹਾਵੈ।ਹੱਜ	Koee Naavai Theerathh Koee Haj Jaae ||	Some bathe at sacred shrines of pilgrimage, and some make the pilgrimage to Mecca.|	ਹੇ ਭਾਈ! ਕੋਈ ਮਨੁੱਖ ਕਿਸੇ ਤੀਰਥ ਉਤੇ ਇਸ਼ਨਾਨ ਕਰਦਾ ਹੈ, ਕੋਈ ਮਨੁੱਖ (ਮੱਕੇ) ਹੱਜ ਕਰਨ ਵਾਸਤੇ ਜਾਂਦਾ ਹੈ।
37767	885	ਕੋਈ ਕਰੈ ਪੂਜਾ ਕੋਈ ਸਿਰੁ ਨਿਵਾਇ॥੨॥		Koee Karai Poojaa Koee Sir Nivaae ||2||	Some perform devotional worship services, and some bow their heads in prayer. ||2||	ਕੋਈ ਮਨੁੱਖ (ਪ੍ਰਭੂ ਦੀ ਮੂਰਤੀ ਬਣਾ ਕੇ) ਪੂਜਾ ਕਰਦਾ ਹੈ, ਕੋਈ ਨਮਾਜ਼ ਪੜ੍ਹਦਾ ਹੈ ॥੨॥
37768	885	ਕੋਈ ਪੜੈ ਬੇਦ ਕੋਈ ਕਤੇਬ॥	ਪੜ੍ਹੈ	Koee Parrai Baedh Koee Kathaeb ||	Some read the Vedas, and some the Koran.	ਹੇ ਭਾਈ! ਕੋਈ (ਹਿੰਦੂ) ਵੇਦ ਆਦਿਕ ਧਰਮ-ਪੁਸਤਕ ਪੜ੍ਹਦਾ ਹੈ, ਕੋਈ (ਮੁਸਲਮਾਨ ਆਦਿਕ) ਕੁਰਾਨ ਅੰਜੀਲ ਆਦਿਕ ਪੜ੍ਹਦਾ ਹੈ।
37769	885	ਕੋਈ ਓਢੈ ਨੀਲ ਕੋਈ ਸੁਪੇਦ॥੩॥		Koee Oudtai Neel Koee Supaedh ||3||	Some wear blue robes, and some wear white. ||3||	ਕੋਈ (ਮੁਸਲਮਾਨ ਹੋ ਕੇ) ਨੀਲੇ ਕੱਪੜੇ ਪਹਿਨਦਾ ਹੈ, ਕੋਈ (ਹਿੰਦੂ) ਚਿੱਟੇ ਬਸਤ੍ਰ ਪਾਂਦਾ ਹੈ ॥੩॥

37770	885	ਕੋਈ ਕਹੈ ਤੁਰਕੁ ਕੋਈ ਕਹੈ ਹਿੰਦੂ॥		Koee Kehai Thurak Koee Kehai Hindhoo ||	Some call themselves Muslim, and some call themselves Hindu.	ਹੇ ਭਾਈ! ਕੋਈ ਮਨੁੱਖ ਆਖਦਾ ਹੈ 'ਮੈਂ ਮੁਸਲਮਾਨ ਹਾਂ', ਕੋਈ ਆਖਦਾ ਹੈ 'ਮੈਂ ਹਿੰਦੂ ਹਾਂ'।
37771	885	ਕੋਈ ਬਾਛੈ ਭਿਸਤੁ ਕੋਈ ਸੁਰਗਿੰਦੂ॥੪॥	(ਸੁਰਗਿੰਦੂ)ਇੰਦ੍ਰ ਪਦਵੀ	Koee Baashhai Bhisath Koee Suragindhoo ||4||	Some yearn for paradise, and others long for heaven. ||4||	ਕੋਈ ਮਨੁੱਖ (ਪਰਮਾਤਮਾ ਪਾਸੋਂ) ਬਹਿਸ਼ਤ ਮੰਗਦਾ ਹੈ, ਕੋਈ ਸੁਰਗ ਮੰਗਦਾ ਹੈ ॥੪॥
37772	885	ਕਹੁ ਨਾਨਕ ਜਿਨਿ ਹੁਕਮੁ ਪਛਾਤਾ॥		Kahu Naanak Jin Hukam Pashhaathaa ||	Says Nanak, one who realizes the Hukam of God's Will,	ਨਾਨਕ ਆਖਦਾ ਹੈ- ਜਿਸ ਮਨੁੱਖ ਨੇ ਪਰਮਾਤਮਾ ਦਾ ਹੁਕਮ ਪਛਾਣਿਆ ਹੈ,
37773	885	ਪ੍ਰਭ ਸਾਹਿਬ ਕਾ ਤਿਨਿ ਭੇਦੁ ਜਾਤਾ॥੫॥੯॥		Prabh Saahib Kaa Thin Bhaedh Jaathaa ||5||9||	Knows the secrets of his Lord and Master. ||5||9||	ਉਸ ਨੇ ਮਾਲਕ-ਪ੍ਰਭੂ ਦਾ ਭੇਤ ਪਾ ਲਿਆ ਹੈ (ਕਿ ਉਸ ਨੂੰ ਕਿਵੇਂ ਪ੍ਰਸੰਨ ਕਰ ਸਕੀਦਾ ਹੈ) ॥੫॥੯॥
37774	885	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
37775	885	ਪਵਨੈ ਮਹਿ ਪਵਨੁ ਸਮਾਇਆ॥		Pavanai Mehi Pavan Samaaeiaa ||	The wind merges into the wind.	(ਹੇ ਭਾਈ! ਜਦੋਂ ਅਸੀਂ ਇਹ ਸਮਝਦੇ ਹਾਂ ਕਿ ਕੋਈ ਪ੍ਰਾਣੀ ਮਰ ਗਿਆ ਹੈ, ਅਸਲ ਵਿਚ ਇਹ ਹੁੰਦਾ ਹੈ ਕਿ ਉਸ ਦੇ ਪੰਜ-ਤੱਤੀ ਸਰੀਰ ਵਿਚੋਂ) ਸੁਆਸ ਹਵਾ ਵਿਚ ਮਿਲ ਜਾਂਦਾ ਹੈ,
37776	885	ਜੋਤੀ ਮਹਿ ਜੋਤਿ ਰਲਿ ਜਾਇਆ॥		Jothee Mehi Joth Ral Jaaeiaa ||	The light blends into the light.	ਜੀਵਾਤਮਾ (ਸਰਬ-ਵਿਆਪਕ) ਜੋਤਿ ਨਾਲ ਜਾ ਰਲਦਾ ਹੈ।

37777	885	ਮਾਟੀ ਮਾਟੀ ਹੋਈ ਏਕ॥		Maattee Maattee Hoee Eaek ||	The dust becomes one with the dust.	(ਸਰੀਰ ਦੀ) ਮਿੱਟੀ (ਧਰਤੀ ਦੀ) ਮਿੱਟੀ ਨਾਲ ਮਿਲ ਜਾਂਦੀ ਹੈ,
37778	885	ਰੋਵਨਹਾਰੇ ਕੀ ਕਵਨ ਟੇਕ॥੧॥		Rovanehaarae Kee Kavan Ttaek ||1||	What support is there for the one who is lamenting? ||1||	(ਮੁਏ ਨੂੰ) ਰੋਣ ਵਾਲਾ ਭੁਲੇਖੇ ਦੇ ਕਾਰਨ ਹੀ ਰੋਂਦਾ ਹੈ ॥੧॥
37779	885	ਕਉਨੁ ਮੂਆ ਰੇ ਕਉਨੁ ਮੂਆ॥		Koun Mooaa Rae Koun Mooaa ||	Who has died? O, who has died?	ਹੇ ਭਾਈ! (ਅਸਲ ਵਿਚ) ਕੋਈ ਭੀ ਜੀਵਾਤਮਾ ਮਰਦਾ ਨਹੀਂ, ਇਹ ਪੱਕੀ ਗੱਲ ਹੈ।
37780	885	ਬ੍ਰਹਮਗਿਆਨੀ ਮਿਲਿ ਕਰਹੁ ਬੀਚਾਰਾ ਇਹੁ ਤਉ ਚਲਤੁ ਭਇਆ॥੧॥ਰਹਾਉ ॥		Breham Giaanee Mil Karahu Beechaaraa Eihu Tho Chalath Bhaeiaa ||1|| Rehaao ||	O God-realized beings, meet together and consider this. What a wondrous thing has happened! ||1||Pause||	ਜੇਹੜਾ ਕੋਈ ਗੁਰਮੁਖਿ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ ਉਸ ਨੂੰ ਮਿਲ ਕੇ (ਬੇ-ਸ਼ੱਕ) ਵਿਚਾਰ ਕਰ ਲਵੋ, (ਜੰਮਣ ਮਰਨ ਵਾਲੀ ਤਾਂ) ਇਹ ਇਕ ਖੇਡ ਬਣੀ ਹੋਈ ਹੈ ॥੧॥ ਰਹਾਉ ॥
37781	885	ਅਗਲੀ ਕਿਛੁ ਖਬਰਿ ਨ ਪਾਈ॥		Agalee Kishh Khabar N Paaee ||	No one knows what happens after death.	(ਹੇ ਭਾਈ! ਕਿਸੇ ਦੇ ਸਰੀਰਕ ਵਿਛੋੜੇ ਤੇ ਰੋਣ ਵਾਲਾ ਪ੍ਰਾਣੀ ਉਸ ਵੇਲੇ) ਅਗਾਂਹ (ਸਦਾ) ਬੀਤਣ ਵਾਲੀ ਗੱਲ ਨਹੀਂ ਸਮਝਦਾ,
37782	885	ਰੋਵਨਹਾਰੁ ਭਿ ਊਠਿ ਸਿਧਾਈ॥		Rovanehaar Bh Ooth Sidhhaaee ||	The one who is lamenting will also arise and depart.	ਕਿ ਜੇਹੜਾ (ਹੁਣ ਕਿਸੇ ਦੇ ਵਿਛੋੜੇ ਤੇ) ਰੋ ਰਿਹਾ ਹੈ (ਆਖ਼ਰ) ਉਸ ਨੇ ਭੀ ਇਥੋਂ ਕੂਚ ਕਰ ਜਾਣਾ ਹੈ।

37783	885	ਭਰਮ ਮੋਹ ਕੇ ਬਾਂਧੇ ਬੰਧ॥		Bharam Moh Kae Baandhhae Bandhh ||	Mortal beings are bound by the bonds of doubt and attachment.	(ਹੇ ਭਾਈ! ਜੀਵਾਂ ਨੂੰ) ਭਰਮ ਅਤੇ ਮੋਹ ਦੇ ਬੰਧਨ ਬੱਝੇ ਹੋਏ ਹਨ,
37784	885	ਸੁਪਨੁ ਭਇਆ ਭਖਲਾਏ ਅੰਧ॥੨॥	(ਭਖਲਾਏ)ਭਟਕਦਾ ਹੈ	Supan Bhaeiaa Bhakhalaaeae Andhh ||2||	When life becomes a dream, the blind man babbles and grieves in vain. ||2||	(ਜੀਵਾਤਮਾ ਅਤੇ ਸਰੀਰ ਦਾ ਮਿਲਾਪ ਤਾਂ ਸੁਪਨੇ ਵਾਂਗ ਹੈ, ਇਹ ਆਖ਼ਰ) ਸੁਪਨਾ ਹੋ ਕੇ ਬੀਤ ਜਾਂਦਾ ਹੈ, ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਜੀਵ (ਵਿਅਰਥ ਹੀ) ਬਰੜਾਂਦਾ ਹੈ ॥੨॥
37785	885	ਇਹੁ ਤਉ ਰਚਨੁ ਰਚਿਆ ਕਰਤਾਰਿ॥		Eihu Tho Rachan Rachiaa Karathaar ||	The Creator Lord created this creation.	ਹੇ ਭਾਈ! ਇਹ ਜਗਤ ਤਾਂ ਕਰਤਾਰ ਨੇ ਇਕ ਖੇਡ ਰਚੀ ਹੋਈ ਹੈ।
37786	885	ਆਵਤ ਜਾਵਤ ਹੁਕਮਿ ਅਪਾਰਿ॥		Aavath Jaavath Hukam Apaar ||	It comes and goes, subject to the Will of the Infinite Lord.	ਉਸ ਕਰਤਾਰ ਦੇ ਕਦੇ ਖ਼ਤਮ ਨਾਹ ਹੋਣ ਵਾਲੇ ਹੁਕਮ ਵਿਚ ਹੀ ਜੀਵ ਇਥੇ ਆਉਂਦੇ ਰਹਿੰਦੇ ਹਨ ਤੇ ਇਥੋਂ ਜਾਂਦੇ ਰਹਿੰਦੇ ਹਨ।
37787	885	ਨਹ ਕੋ ਮੂਆ ਨ ਮਰਣੈ ਜੋਗੁ॥		Neh Ko Mooaa N Maranai Jog ||	No one dies; no one is capable of dying.	ਉਂਞ ਕੋਈ ਭੀ ਜੀਵਾਤਮਾ ਕਦੇ ਮਰਦਾ ਨਹੀਂ ਹੈ, ਕਿਉਂਕਿ ਇਹ ਮਰਨ-ਜੋਗਾ ਹੀ ਨਹੀਂ।
37788	885	ਨਹ ਬਿਨਸੈ ਅਬਿਨਾਸੀ ਹੋਗੁ॥੩॥		Neh Binasai Abinaasee Hog ||3||	The soul does not perish; it is imperishable. ||3||	ਇਹ ਜੀਵਾਤਮਾ ਕਦੇ ਨਾਸ ਨਹੀਂ ਹੁੰਦਾ, ਇਸ ਦਾ ਅਸਲਾ ਜੁ ਸਦਾ ਕਾਇਮ ਰਹਿਣ ਵਾਲਾ ਹੀ ਹੋਇਆ ॥੩॥

37789	885	ਜੋ ਇਹੁ ਜਾਣਹੁ ਸੋ ਇਹੁ ਨਾਹਿ॥		Jo Eihu Jaanahu So Eihu Naahi ||	That which is known, does not exist.	ਹੇ ਭਾਈ! ਤੁਸੀ ਇਸ ਜੀਵਾਤਮਾ ਨੂੰ ਜਿਹੋ ਜਿਹਾ ਸਮਝ ਰਹੇ ਹੋ, ਇਹ ਉਹੋ ਜਿਹਾ ਨਹੀਂ ਹੈ।
37790	885	ਜਾਨਣਹਾਰੇ ਕਉ ਬਲਿ ਜਾਉ॥		Jaananehaarae Ko Bal Jaao ||	I am a sacrifice to the one who knows this.	ਮੈਂ ਉਸ ਮਨੁੱਖ ਤੋਂ ਕੁਰਬਾਨ ਹਾਂ, ਜਿਸ ਨੇ ਇਹ ਅਸਲੀਅਤ ਸਮਝ ਲਈ ਹੈ।
37791	885	ਕਹੁ ਨਾਨਕ ਗੁਰਿ ਭਰਮੁ ਚੁਕਾਇਆ॥		Kahu Naanak Gur Bharam Chukaaeiaa ||	Says Nanak, the Guru has dispelled my doubt.	ਨਾਨਕ ਆਖਦਾ ਹੈ- ਗੁਰੂ ਨੇ ਜਿਸ ਦਾ ਭੁਲੇਖਾ ਦੂਰ ਕਰ ਦਿੱਤਾ ਹੈ,
37792	885	ਨਾ ਕੋਈ ਮਰੈ ਨ ਆਵੈ ਜਾਇਆ॥੪॥੧੦॥		Naa Koee Marai N Aavai Jaaeiaa ||4||10||	No one dies; no one comes or goes. ||4||10||	ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ, ਉਹ ਮੁੜ ਮੁੜ ਜੰਮਦਾ ਮਰਦਾ ਨਹੀਂ ॥੪॥੧੦॥
37793	885	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
37794	885	ਜਪਿ ਗੋਬਿੰਦੁ ਗੋਪਾਲ ਲਾਲੁ॥		Jap Gobindh Gopaal Laal ||	Meditate on the Lord of the Universe, the Beloved Lord of the World.	ਹੇ ਭਾਈ! ਗੋਬਿੰਦ (ਦਾ ਨਾਮ) ਜਪਿਆ ਕਰ, ਸੋਹਣੇ ਗੋਪਾਲ ਦਾ ਨਾਮ ਜਪਿਆ ਕਰ।

37795	885	ਰਾਮ ਨਾਮ ਸਿਮਰਿ ਤੂ ਜੀਵਹਿ ਫਿਰਿ ਨ ਖਾਈ ਮਹਾ ਕਾਲੁ॥੧॥ਰਹਾਉ॥		Raam Naam Simar Thoo Jeevehi Fir N Khaaee Mehaa Kaal ||1|| Rehaao ||	Meditating in remembrance on the Lord's Name, you shall live, and the Great Death shall not consume you ever again. ||1||Pause||	ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਿਆ ਕਰ, (ਜਿਉਂ ਜਿਉਂ ਨਾਮ ਸਿਮਰੇਂਗਾ) ਤੈਨੂੰ ਉੱਚਾ ਆਤਮਕ ਜੀਵਨ ਮਿਲਿਆ ਰਹੇਗਾ। ਭਿਆਨਕ ਆਤਮਕ ਮੌਤ (ਤੇਰੇ ਆਤਮਕ ਜੀਵਨ ਨੂੰ) ਫਿਰ ਕਦੇ ਮੁਕਾ ਨਹੀਂ ਸਕੇਗੀ ॥੧॥ ਰਹਾਉ ॥
37796	885	ਕੋਟਿ ਜਨਮ ਭ੍ਰਮਿ ਭ੍ਰਮਿ ਭ੍ਰਮਿ ਆਇਓ॥		Kott Janam Bhram Bhram Bhram Aaeiou ||	Through millions of incarnations, you have come, wandering, wandering, wandering.	ਹੇ ਭਾਈ! (ਅਨੇਕਾਂ ਕਿਸਮਾਂ ਦੇ) ਕ੍ਰੋੜਾਂ ਜਨਮਾਂ ਵਿਚ ਭਟਕ ਕੇ (ਹੁਣ ਤੂੰ ਮਨੁੱਖਾ ਜਨਮ ਵਿਚ) ਆਇਆ ਹੈਂ,
37797	886	ਬਡੈਭਾਗਿ ਸਾਧਸੰਗੁ ਪਾਇਓ॥੧॥		Baddai Bhaag Saadhhasang Paaeiou ||1||	By the highest destiny, you found the Saadh Sangat, the Company of the Holy. ||1||	(ਤੇ, ਇਥੇ) ਵੱਡੀ ਕਿਸਮਤ ਨਾਲ (ਤੈਨੂੰ) ਗੁਰੂ ਦਾ ਸਾਥ ਮਿਲ ਗਿਆ ਹੈ ॥੧॥
37798	886	ਬਿਨੁ ਗੁਰ ਪੂਰੇ ਨਾਹੀ ਉਧਾਰੁ॥		Bin Gur Poorae Naahee Oudhhaar ||	Without the Perfect Guru, no one is saved.	ਪੂਰੇ ਗੁਰੂ ਦੀ ਸਰਨ ਪੈਣ ਤੋਂ ਬਿਨਾ (ਅਨੇਕਾਂ ਜੂਨਾਂ ਤੋਂ) ਪਾਰ-ਉਤਾਰਾ ਨਹੀਂ ਹੋ ਸਕਦਾ।
37799	886	ਬਾਬਾ ਨਾਨਕੁ ਆਖੈ ਏਹੁ ਬੀਚਾਰੁ॥੨॥੧੧॥		Baabaa Naanak Aakhai Eaehu Beechaar ||2||11||	This is what Baba Nanak says, after deep reflection. ||2||11||	ਹੇ ਭਾਈ! ਨਾਨਕ (ਤੈਨੂੰ) ਇਹ ਵਿਚਾਰ ਦੀ ਗੱਲ ਦੱਸਦਾ ਹੈ ॥੨॥੧੧॥
37800	886	ਰਾਗੁ ਰਾਮਕਲੀ ਮਹਲਾ ੫ ਘਰੁ ੨		Raag Raamakalee Mehalaa 5 Ghar 2	Raag Raamkalee, Fifth Mehl, Second House:	

37801	886	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
37802	886	ਚਾਰਿ ਪੁਕਾਰਹਿ ਨਾ ਤੂ ਮਾਨਹਿ॥		Chaar Pukaarehi Naa Thoo Maanehi ||	The four Vedas proclaim it, but you don't believe them.	ਹੇ ਜੋਗੀ! ਚਾਰ ਵੇਦ ਪੁਕਾਰ ਪੁਕਾਰ ਕੇ ਆਖ ਰਹੇ ਹਨ (ਕਿ ਸਭ ਜੀਵਾਂ ਵਿਚ (ਰੱਬੀ ਜੋਤਿ-ਰੂਪ ਸੁੰਦਰ ਕਿੰਗਰੀ ਹਰ ਥਾਂ ਵੱਜ ਰਹੀ ਹੈ) ਪਰ ਤੂੰ ਯਕੀਨ ਨਹੀਂ ਕਰਦਾ।
37803	886	ਖਟੁ ਭੀ ਏਕਾ ਬਾਤ ਵਖਾਨਹਿ॥		Khatt Bhee Eaekaa Baath Vakhaanehi ||	The six Shaastras also say one thing.	ਹੇ ਜੋਗੀ! ਛੇ ਸ਼ਾਸਤਰ ਭੀ ਇਹੀ ਗੱਲ ਬਿਆਨ ਕਰ ਰਹੇ ਹਨ।
37804	886	ਦਸ ਅਸਟੀ ਮਿਲਿ ਏਕੋ ਕਹਿਆ॥	ਦਸ:ਪੋਲਾ ਬੋਲੋ	Dhas Asattee Mil Eaeko Kehiaa ||	The eighteen Puraanas all speak of the One God.	ਅਠਾਰਾਂ ਪੁਰਾਣਾਂ ਨੇ ਮਿਲ ਕੇ ਭੀ ਇਹੋ ਬਚਨ ਆਖਿਆ ਹੈ।
37805	886	ਤਾ ਭੀ ਜੋਗੀ ਭੇਦੁ ਨ ਲਹਿਆ॥੧॥		Thaa Bhee Jogee Bhaedh N Lehiaa ||1||	Even so, Yogi, you do not understand this mystery. ||1||	ਪਰ ਹੇ ਜੋਗੀ! (ਹਰੇਕ ਹਿਰਦੇ ਵਿਚ ਵੱਜ ਰਹੀ ਸੋਹਣੀ ਕਿੰਗ ਦਾ) ਭੇਤ ਤੂੰ ਨਹੀਂ ਸਮਝਿਆ ॥੧॥
37806	886	ਕਿੰਕੁਰੀ ਅਨੂਪ ਵਾਜੈ॥		Kinkuree Anoop Vaajai ||	The celestial harp plays the incomparable melody,	(ਵੇਖ, ਅੱਗੇ ਹੀ) ਸੁੰਦਰ ਕਿੰਗ ਬੜੀ ਸੋਹਣੀ ਵੱਜ ਰਹੀ ਹੈ

37807	886	ਜੋਗੀਆ ਮਤਵਾਰੋ ਰੇ॥੧॥ਰਹਾਉ॥	ਮੱਤਵਾਰੋ	Jogeeaa Mathavaaro Rae ||1|| Rehaao ||	But in your intoxication, you do not hear it, O Yogi. ||1||Pause||	(ਆਪਣੀ ਨਿੱਕੀ ਜਿਹੀ ਕਿੰਗ ਵਜਾਣ ਵਿਚ) ਮਸਤ ਹੇ ਜੋਗੀ! (ਹਰੇਕ ਜੀਵ ਦੇ ਹਿਰਦੇ ਵਿਚ ਰੱਬੀ ਰੌ ਚੱਲ ਰਹੀ ਹੈ-ਇਹੀ ਹੈ ਸੋਹਣੀ ਕਿੰਗ) ॥੧॥ ਰਹਾਉ ॥
37808	886	ਪ੍ਰਥਮੇ ਵਸਿਆ ਸਤ ਕਾ ਖੇੜਾ॥	ਸੱਤ	Prathhamae Vasiaa Sath Kaa Khaerraa ||	In the first age, the Golden Age, the village of truth was inhabited.	(ਹੇ ਜੋਗੀ! ਤੂੰ ਇਹੀ ਸਮਝਦਾ ਆ ਰਿਹਾ ਹੈਂ ਕਿ) ਪਹਿਲੇ ਜੁਗ (ਸਤਜੁਗ) ਵਿਚ ਦਾਨ ਦਾ ਨਗਰ ਵੱਸਦਾ ਸੀ (ਭਾਵ, ਦਾਨ ਕਰਨ ਦਾ ਕਰਮ ਪ੍ਰਧਾਨ ਸੀ),
37809	886	ਤ੍ਰਿਤੀਏ ਮਹਿ ਕਿਛੁ ਭਇਆ ਦੁਤੇੜਾ॥		Thritheeeae Mehi Kishh Bhaeiaa Dhuthaerraa ||	In the Silver Age of Traytaa Yuga, things began to decline.	ਅਤੇ ਤ੍ਰੇਤੇ ਜੁਗ ਵਿਚ (ਧਰਮ ਦੇ ਅੰਦਰ) ਕੁਝ ਤ੍ਰੇੜ ਆ ਗਈ (ਧਰਮ-ਬਲਦ ਦੀਆਂ ਤਿੰਨ ਲੱਤਾਂ ਰਹਿ ਗਈਆਂ)।
37810	886	ਦੁਤੀਆ ਅਰਧੋ ਅਰਧਿ ਸਮਾਇਆ॥		Dhutheeaa Aradhho Aradhh Samaaeiaa ||	In the Brass Age of Dwaapur Yuga, half of it was gone.	(ਹੇ ਜੋਗੀ! ਤੂੰ ਇਹੀ ਨਿਸਚਾ ਬਣਾਇਆ ਹੋਇਆ ਹੈ ਕਿ) ਦੁਆਪਰ ਜੁਗ ਅੱਧ ਵਿਚ ਟਿਕ ਗਿਆ (ਭਾਵ, ਦੁਆਪਰ ਜੁਗ ਵਿਚ ਧਰਮ-ਬਲਦ ਦੀਆਂ ਦੋ ਲੱਤਾਂ ਰਹਿ ਗਈਆਂ)

37811	886	ਏਕੁ ਰਹਿਆ ਤਾ ਏਕੁ ਦਿਖਾਇਆ॥੨॥		Eaek Rehiaa Thaa Eaek Dhikhaaeiaa ||2||	Now, only one leg of Truth remains, and the One Lord is revealed. ||2||	ਅਤੇ (ਹੁਣ ਜਦੋਂ ਕਲਜੁਗ ਵਿਚ ਧਰਮ-ਬਲਦ ਸਿਰਫ਼) ਇੱਕ (ਲੱਤ ਵਾਲਾ) ਰਹਿ ਗਿਆ ਹੈ, ਤਦੋਂ (ਦਾਨ, ਤਪ, ਜੱਗ ਆਦਿਕ ਦੇ ਥਾਂ ਹਰਿ-ਨਾਮ-ਸਿਮਰਨ ਦਾ) ਇੱਕੋ (ਰਸਤਾ ਮੂਰਤੀ-ਪੂਜਾ ਨੇ ਜੀਵਾਂ ਨੂੰ) ਵਿਖਾਇਆ ਹੈ (ਪਰ ਤੈਨੂੰ ਇਹ ਭੁਲੇਖਾ ਹੈ ਕਿ ਇਕੋ ਪਰਮਾਤਮਾ ਦੇ ਰਚੇ ਜਗਤ ਵਿਚ ਵਖ ਵਖ ਜੁਗਾਂ ਵਿਚ ਵਖ ਵਖ ਧਰਮ-ਆਦਰਸ਼ ਹੋ ਗਏ। ਪਰਮਾਤਮਾ ਦੀ ਬਣਾਈ ਮਰਯਾਦਾ ਸਦਾ ਇਕ-ਸਾਰ ਰਹਿੰਦੀ ਹੈ, ਉਸ ਵਿਚ ਤਬਦੀਲੀ ਨਹੀਂ ਆਉਂਦੀ) ॥੨॥
37812	886	ਏਕੈ ਸੂਤਿ ਪਰੋਏ ਮਣੀਏ॥		Eaekai Sooth Paroeae Maneeeae ||	The beads are strung upon the one thread.	(ਵੇਖ, ਹੇ ਜੋਗੀ! ਜਿਵੇਂ ਮਾਲਾ ਦੇ ਇਕੋ ਧਾਗੇ ਵਿਚ ਕਈ ਮਣਕੇ ਪ੍ਰੋਤੇ ਹੋਏ ਹੁੰਦੇ ਹਨ,
37813	886	ਗਾਠੀ ਭਿਨਿ ਭਿਨਿ ਭਿਨਿ ਭਿਨਿ ਤਣੀਏ॥		Gaathee Bhin Bhin Bhin Bhin Thaneeeae ||	By means of many, various, diverse knots, they are tied, and kept separate on the string.	ਤੇ, ਉਸ ਮਾਲਾ ਨੂੰ ਮਨੁੱਖ ਫੇਰਦਾ ਰਹਿੰਦਾ ਹੈ, ਤਿਵੇਂ) ਜਗਤ ਦੇ ਸਾਰੇ ਹੀ ਜੀਵ-ਮਣਕੇ ਪਰਮਾਤਮਾ ਦੀ ਸੱਤਾ-ਰੂਪ ਧਾਗੇ ਵਿਚ ਪ੍ਰੋਤੇ ਹੋਏ ਹਨ।
37814	886	ਫਿਰਤੀ ਮਾਲਾ ਬਹੁ ਬਿਧਿ ਭਾਇ॥	ਮਾਲਾ। ਬਿਧਿ:ਪੋਲਾ ਬੋਲੋ	Firathee Maalaa Bahu Bidhh Bhaae ||	The beads of the mala are lovingly chanted upon in many ways.	(ਸੰਸਾਰ-ਚੱਕਰ ਦੀ) ਇਹ ਮਾਲਾ ਕਈ ਤਰੀਕਿਆਂ ਨਾਲ ਕਈ ਜੁਗਤੀਆਂ ਨਾਲ ਫਿਰਦੀ ਰਹਿੰਦੀ ਹੈ।

37815	886	ਖਿੰਚਿਆ ਸੂਤੁ ਤ ਆਈ ਥਾਇ॥੩॥		Khinchiaa Sooth Th Aaee Thhaae ||3||	When the thread is pulled out, the beads come together in one place. ||3||	(ਜਦੋਂ ਪਰਮਾਤਮਾ ਆਪਣੀ) ਸੱਤਾ-ਰੂਪ ਧਾਗਾ (ਇਸ ਜਗਤ-ਮਾਲਾ ਵਿਚੋਂ) ਖਿੱਚ ਲੈਂਦਾ ਹੈ, ਤਾਂ (ਸਾਰੀ ਮਾਲਾ ਇਕੋ) ਥਾਂ ਵਿਚ ਆ ਜਾਂਦੀ ਹੈ (ਸਾਰੀ ਸ੍ਰਿਸ਼ਟੀ ਇਕੋ ਪਰਮਾਤਮਾ ਵਿਚ ਹੀ ਲੀਨ ਹੋ ਜਾਂਦੀ ਹੈ) ॥੩॥
37816	886	ਚਹੁ ਮਹਿ ਏਕੈ ਮਟੁ ਹੈ ਕੀਆ॥	ਮਟੁ:ਪੋਲਾ ਬੋਲੋ	Chahu Mehi Eaekai Matt Hai Keeaa ||	Throughout the four ages, the One Lord made the body His temple.	(ਵੇਖ, ਹੇ ਜੋਗੀ! ਜੋਗੀਆਂ ਦੇ ਮਠ ਵਾਂਗ ਇਹ ਜਗਤ ਇਕ ਮਠ ਹੈ) ਚਹੁੰਆਂ ਹੀ ਜੁਗਾਂ ਵਿਚ (ਸਦਾ ਤੋਂ ਹੀ) ਇਹ ਜਗਤ-ਮਠ ਇਕ (ਪਰਮਾਤਮਾ) ਦਾ ਹੀ ਬਣਾਇਆ ਹੋਇਆ ਹੈ।
37817	886	ਤਹ ਬਿਖੜੇ ਥਾਨ ਅਨਿਕ ਖਿੜਕੀਆ॥		Theh Bikharrae Thhaan Anik Khirrakeeaa ||	It is a treacherous place, with several windows.	ਇਸ ਜਗਤ-ਮਠ ਵਿਚ ਜੀਵ ਨੂੰ ਖੁਆਰ ਕਰਨ ਲਈ ਅਨੇਕਾਂ (ਵਿਕਾਰ-ਰੂਪ) ਔਖੇ ਥਾਂ ਹਨ (ਅਤੇ ਵਿਕਾਰਾਂ ਵਿਚ ਫਸੇ ਜੀਵਾਂ ਵਾਸਤੇ) ਅਨੇਕਾਂ ਹੀ ਜੂਨਾਂ ਹਨ (ਜਿਨ੍ਹਾਂ ਵਿਚੋਂ ਦੀ ਜੀਵਾਂ ਨੂੰ ਲੰਘਣਾ ਪੈਂਦਾ ਹੈ, ਜਿਵੇਂ ਕਿਸੇ ਘਰ ਦੀ ਖਿੜਕੀ ਵਿਚੋਂ ਦੀ ਲੰਘੀਦਾ ਹੈ)।
37818	886	ਖੋਜਤ ਖੋਜਤ ਦੁਆਰੇ ਆਇਆ॥		Khojath Khojath Dhuaarae Aaeiaa ||	Searching and searching, one comes to the Lord's door.	(ਹੇ ਜੋਗੀ!) ਜਦੋਂ ਕੋਈ ਮਨੁੱਖ (ਪਰਮਾਤਮਾ ਦੇ ਦੇਸ ਦੀ) ਭਾਲ ਕਰਦਾ ਕਰਦਾ (ਗੁਰੂ ਦੇ) ਦਰ ਤੇ ਆ ਪਹੁੰਚਦਾ ਹੈ,

37819	886	ਤਾ ਨਾਨਕ ਜੋਗੀ ਮਹਲੁ ਘਰੁ ਪਾਇਆ॥੪॥		Thaa Naanak Jogee Mehal Ghar Paaeiaa ||4||	Then, O Nanak, the Yogi attains a home in the Mansion of the Lord's Presence. ||4||	ਹੇ ਨਾਨਕ! (ਆਖ-) ਤਦੋਂ ਪ੍ਰਭੂ-ਚਰਨਾਂ ਵਿਚ ਜੁੜੇ ਉਸ ਮਨੁੱਖ ਨੂੰ ਪਰਮਾਤਮਾ ਦਾ ਮਹਲ ਪਰਮਾਤਮਾ ਦਾ ਘਰ ਲੱਭ ਪੈਂਦਾ ਹੈ ॥੪॥
37820	886	ਇਉ ਕਿੰਕੁਰੀ ਆਨੂਪ ਵਾਜੈ॥		Eio Kinkuree Aanoop Vaajai ||	Thus, the celestial harp plays the incomparable melody;	(ਹੇ ਜੋਗੀ!) ਇਸ ਤਰ੍ਹਾਂ ਖੋਜ ਕਰਦਿਆਂ ਕਰਦਿਆਂ ਗੁਰੂ ਦੇ ਦਰ ਤੇ ਪਹੁੰਚ ਕੇ ਮਨੁੱਖ ਨੂੰ ਸਮਝ ਆ ਜਾਂਦੀ ਹੈ ਕਿ ਹਰੇਕ ਹਿਰਦੇ ਵਿਚ ਪਰਮਾਤਮਾ ਦੀ ਚੇਤਨ-ਸੱਤਾ ਦੀ) ਸੁੰਦਰ ਕਿੰਗਰੀ ਵੱਜ ਰਹੀ ਹੈ।
37821	886	ਸੁਣਿ ਜੋਗੀ ਕੈ ਮਨਿ ਮੀਠੀ ਲਾਗੈ॥੧॥ਰਹਾਉ ਦੂਜਾ॥੧॥੧੨॥		Sun Jogee Kai Man Meethee Laagai ||1|| Rehaao Dhoojaa ||1||12||	Hearing it, the Yogi's mind finds it sweet. ||1||Second Pause||1||12||	(ਇਹ ਸੁੰਦਰ ਕਿੰਗਰੀ ਵੱਜਦੀ) ਸੁਣ ਸੁਣ ਕੇ ਪਰਮਾਤਮਾ ਦੇ ਚਰਨਾਂ ਵਿਚ ਜੁੜੇ ਹੋਏ ਮਨੁੱਖ ਦੇ ਮਨ ਵਿਚ (ਇਹ ਕਿੰਗਰੀ) ਮਿੱਠੀ ਲੱਗਣ ਲੱਗ ਪੈਂਦੀ ਹੈ ॥੧॥ਰਹਾਉ ਦੂਜਾ॥੧॥੧੨॥
37822	886	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
37823	886	ਤਾਗਾ ਕਰਿ ਕੈ ਲਾਈ ਥਿਗਲੀ॥		Thaagaa Kar Kai Laaee Thhigalee ||	The body is a patch-work of threads.	(ਹੇ ਜੋਗੀ! ਉਸ ਜਗਤ-ਨਾਥ ਨੇ ਨਾੜੀਆਂ ਨੂੰ) ਧਾਗਾ ਬਣਾ ਕੇ (ਸਾਰੇ ਸਰੀਰਕ ਅੰਗਾਂ ਦੀਆਂ) ਟਾਕੀਆਂ ਜੋੜ ਦਿੱਤੀਆਂ ਹਨ।

37824	886	ਲਉ ਨਾੜੀ ਸੂਆ ਹੈ ਅਸਤੀ॥	ਅਸਤੀ:ਪੋਲਾ ਬੋਲੋ	Lo Naaree Sooaa Hai Asathee ||	The muscles are stitched together with the needles of the bones.	(ਇਸ ਸਰੀਰ-ਗੋਦੜੀ ਦੀਆਂ) ਨਾੜੀਆਂ ਤਰੋਪਿਆਂ ਦਾ ਕੰਮ ਕਰ ਰਹੀਆਂ ਹਨ, (ਅਤੇ ਸਰੀਰ ਦੀ ਹਰੇਕ) ਹੱਡੀ ਸੂਈ ਦਾ ਕੰਮ ਕਰਦੀ ਹੈ।
37825	886	ਅੰਭੈ ਕਾ ਕਰਿ ਡੰਡਾ ਧਰਿਆ॥		Anbhai Kaa Kar Ddanddaa Dhhariaa ||	The Lord has erected a pillar of water.	(ਉਸ ਨਾਥ ਨੇ ਮਾਤਾ ਪਿਤਾ ਦੀ) ਰਕਤ-ਬੂੰਦ ਨਾਲ (ਸਰੀਰ-) ਡੰਡਾ ਖੜਾ ਕਰ ਦਿੱਤਾ ਹੈ।
37826	886	ਕਿਆ ਤੂ ਜੋਗੀ ਗਰਬਹਿ ਪਰਿਆ॥੧॥		Kiaa Thoo Jogee Garabehi Pariaa ||1||	O Yogi, why are you so proud? ||1||	ਹੇ ਜੋਗੀ! ਤੂੰ (ਆਪਣੀ ਗੋਦੜੀ ਦਾ) ਕੀਹ ਪਿਆ ਮਾਣ ਕਰਦਾ ਹੈਂ? ॥੧॥
37827	886	ਜਪਿ ਨਾਥੁ ਦਿਨੁ ਰੈਨਾਈ॥		Jap Naathh Dhin Rainaaee ||	Meditate on your Lord Master, day and night.	ਹੇ ਜੋਗੀ! ਤੇਰਾ ਇਹ ਸਰੀਰ ਦੋ ਦਿਨਾਂ ਦਾ ਹੀ ਪਰਾਹੁਣਾ ਹੈ।
37828	886	ਤੇਰੀ ਖਿੰਥਾ ਦੋ ਦਿਹਾਈ॥੧॥ਰਹਾਉ ॥		Thaeree Khinthhaa Dho Dhihaaee ||1|| Rehaao ||	The patched coat of the body shall last for only a few days. ||1||Pause||	ਦਿਨ ਰਾਤ (ਜਗਤ ਦੇ) ਨਾਥ-ਪ੍ਰਭੂ ਦਾ ਨਾਮ ਜਪਿਆ ਕਰ ॥੧॥ ਰਹਾਉ ॥
37829	886	ਗਹਰੀ ਬਿਭੂਤ ਲਾਇ ਬੈਠਾ ਤਾੜੀ॥	ਲਾਇ।ਦੇਲ੍ਹੀ।ਦੀਵਾ	Geharee Bibhooth Laae Baithaa Thaarree ||	Smearing ashes on your body, you sit in a deep meditative trance.	(ਹੇ ਜੋਗੀ! ਆਪਣੇ ਸਰੀਰ ਉੱਤੇ) ਸੰਘਣੀ ਸੁਆਹ ਮਲ ਕੇ ਤੂੰ ਸਮਾਧੀ ਲਾ ਕੇ ਬੈਠਾ ਹੋਇਆ ਹੈਂ,
37830	886	ਮੇਰੀ ਤੇਰੀ ਮੁੰਦ੍ਰਾ ਧਾਰੀ॥		Maeree Thaeree Mundhraa Dhhaaree ||	You wear the ear-rings of 'mine and yours'.	ਤੂੰ (ਕੰਨਾਂ ਵਿਚ) ਮੁੰਦ੍ਰਾਂ (ਭੀ) ਪਾਈਆਂ ਹੋਈਆਂ ਹਨ (ਪਰ ਤੇਰੇ ਅੰਦਰ) ਮੇਰ-ਤੇਰ ਵੱਸ ਰਹੀ ਹੈ।

37831	886	ਮਾਗਹਿ ਟੂਕਾ ਤ੍ਰਿਪਤਿ ਨ ਪਾਵੈ॥		Maagehi Ttookaa Thripath N Paavai ||	You beg for bread, but you are not satisfied.	ਹੇ ਜੋਗੀ! ਘਰ ਘਰ ਤੋਂ ਤੂੰ ਟੁੱਕਰ ਮੰਗਦਾ ਫਿਰਦਾ ਹੈਂ, ਤੇਰੇ ਅੰਦਰ ਸ਼ਾਂਤੀ ਨਹੀਂ ਹੈ।
37832	886	ਨਾਥੁ ਛੋਡਿ ਜਾਚਹਿ ਲਾਜ ਨ ਆਵੈ॥੨॥		Naathh Shhodd Jaachehi Laaj N Aavai ||2||	Abandoning your Lord Master, you beg from others; you should feel ashamed. ||2||	(ਸਾਰੇ ਜਗਤ ਦੇ) ਨਾਥ ਨੂੰ ਛੱਡ ਕੇ ਤੂੰ (ਲੋਕਾਂ ਦੇ ਦਰ ਤੋਂ) ਮੰਗਦਾ ਹੈਂ। ਹੇ ਜੋਗੀ! ਤੈਨੂੰ (ਇਸ ਦੀ) ਸ਼ਰਮ ਨਹੀਂ ਆ ਰਹੀ ॥੨॥
37833	886	ਚਲ ਚਿਤ ਜੋਗੀ ਆਸਣੁ ਤੇਰਾ॥	ਚੱਲ। ਚਿੱਤ	Chal Chith Jogee Aasan Thaeraa ||	Your consciousness is restless, Yogi, as you sit in your Yogic postures.	ਹੇ ਡੋਲਦੇ ਮਨ ਵਾਲੇ ਜੋਗੀ! ਤੇਰਾ ਆਸਣ (ਜਮਾਣਾ ਕਿਸੇ ਅਰਥ ਨਹੀਂ)।
37834	886	ਸਿੰਙੀ ਵਾਜੈ ਨਿਤ ਉਦਾਸੇਰਾ॥		Sinn(g)ee Vaajai Nith Oudhaasaeraa ||	You blow your horn, but still feel sad.	(ਲੋਕਾਂ ਨੂੰ ਵਿਖਾਣ ਲਈ ਤੇਰੀ) ਸਿੰਙੀ ਵੱਜ ਰਹੀ ਹੈ, ਪਰ ਤੇਰਾ ਮਨ ਸਦਾ ਭਟਕਦਾ ਫਿਰਦਾ ਹੈ (ਇਹ ਸਿੰਙੀ ਤਾਂ ਇਕਾਗ੍ਰਤਾ ਦੀ ਖ਼ਾਤਰ ਸੀ)।
37835	886	ਗੁਰ ਗੋਰਖ ਕੀ ਤੈ ਬੂਝ ਨ ਪਾਈ॥	ਬੁੱਝ	Gur Gorakh Kee Thai Boojh N Paaee ||	You do not understand Gorakh, your guru.	ਹੇ ਜੋਗੀ! (ਇਸ ਤਰ੍ਹਾਂ) ਉਸ ਸਭ ਤੋਂ ਵੱਡੇ ਗੋਰਖ (ਜਗਤ-ਰੱਖਿਅਕ ਪ੍ਰਭੂ) ਦੀ ਤੈਨੂੰ ਸੋਝੀ ਨਹੀਂ ਪਈ।
37836	886	ਫਿਰਿ ਫਿਰਿ ਜੋਗੀ ਆਵੈ ਜਾਈ॥੩॥		Fir Fir Jogee Aavai Jaaee ||3||	Again and again, Yogi, you come and go. ||3||	(ਇਹੋ ਜਿਹਾ) ਜੋਗੀ ਤਾਂ ਮੁੜ ਮੁੜ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ ॥੩॥
37837	886	ਜਿਸ ਨੋ ਹੋਆ ਨਾਥੁ ਕ੍ਰਿਪਾਲਾ॥		Jis No Hoaa Naathh Kirapaalaa ||	He, unto whom the Master shows Mercy	ਹੇ ਜੋਗੀ! ਜਿਸ ਮਨੁੱਖ ਉੱਤੇ (ਸਾਰੇ ਜਗਤ ਦਾ) ਨਾਥ ਦਇਆਵਾਨ ਹੁੰਦਾ ਹੈ,

37838	886	ਰਹਰਾਸਿ ਹਮਾਰੀ ਗੁਰ ਗੋਪਾਲਾ॥		Reharaas Hamaaree Gur Gopaalaa ||	Unto Him, the Guru, the Lord of the World, I offer my prayer.	(ਉਹ ਮਨੁੱਖ ਪਰਮਾਤਮਾ ਅੱਗੇ ਹੀ ਬੇਨਤੀ ਕਰਦਾ ਹੈ, ਤੇ ਆਖਦਾ ਹੈ-) ਹੇ ਗੁਰ ਗੋਪਾਲ! ਸਾਡੀ ਅਰਜ਼ੋਈ ਤੇਰੇ ਦਰ ਤੇ ਹੀ ਹੈ।
37839	886	ਨਾਮੈ ਖਿੰਥਾ ਨਾਮੈ ਬਸਤਰੁ॥		Naamai Khinthhaa Naamai Basathar ||	One who has the Name as his patched coat, and the Name as his robe,	ਤੇਰਾ ਨਾਮ ਹੀ ਮੇਰੀ ਗੋਦੜੀ ਹੈ, ਤੇਰਾ ਨਾਮ ਹੀ ਮੇਰਾ (ਭਗਵਾ) ਕੱਪੜਾ ਹੈ।
37840	886	ਜਨ ਨਾਨਕ ਜੋਗੀ ਹੋਆ ਅਸਥਿਰੁ॥੪॥		Jan Naanak Jogee Hoaa Asathhir ||4||	O servant Nanak, such a Yogi is steady and stable. ||4||	ਹੇ ਦਾਸ ਨਾਨਕ! (ਇਹੋ ਜਿਹਾ ਮਨੁੱਖ ਅਸਲ) ਜੋਗੀ ਹੈ, ਅਤੇ ਉਹ ਕਦੇ ਡੋਲਦਾ ਨਹੀਂ ਹੈ ॥੪॥
37841	886	ਇਉ ਜਪਿਆ ਨਾਥੁ ਦਿਨੁ ਰੈਨਾਈ॥		Eio Japiaa Naathh Dhin Rainaaee ||	One who meditates on the Master in this way, night and day,	ਹੇ ਜੋਗੀ! ਜਿਸ ਮਨੁੱਖ ਨੇ ਦਿਨ ਰਾਤ ਇਸ ਤਰ੍ਹਾਂ (ਜਗਤ ਦੇ) ਨਾਥ ਨੂੰ ਸਿਮਰਿਆ ਹੈ,
37842	886	ਹੁਣਿ ਪਾਇਆ ਗੁਰੁ ਗੋਸਾਈ॥੧॥ਰਹਾਉ ਦੂਜਾ॥੨॥੧੩॥		Hun Paaeiaa Gur Gosaaee ||1|| Rehaao Dhoojaa ||2||13||	Finds the Guru, the Lord of the World, in this life. ||1||Second Pause||2||13||	ਉਸ ਨੇ ਇਸੇ ਜਨਮ ਵਿਚ ਉਸ ਸਭ ਤੋਂ ਵੱਡੇ ਜਗਤ-ਨਾਥ ਦਾ ਮਿਲਾਪ ਹਾਸਲ ਕਰ ਲਿਆ ਹੈ ॥੧॥ਰਹਾਉ ਦੂਜਾ॥੨॥੧੩॥
37843	886	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	

37844	886	ਕਰਨ ਕਰਾਵਨ ਸੋਈ॥		Karan Karaavan Soee ||	He is the Creator, the Cause of causes;	ਹੇ ਭਾਈ! ਉਹ ਪਰਮਾਤਮਾ ਹੀ ਸਭ ਕੁਝ ਕਰਨ-ਜੋਗ ਹੈ ਅਤੇ (ਸਭ ਵਿਚ ਵਿਆਪਕ ਹੋ ਕੇ ਸਭ ਜੀਵਾਂ ਪਾਸੋਂ) ਕਰਾਵਣ ਵਾਲਾ ਹੈ।
37845	886	ਆਨ ਨ ਦੀਸੈ ਕੋਈ॥		Aan N Dheesai Koee ||	I do not see any other at all.	(ਕਿਤੇ ਭੀ) ਉਸ ਤੋਂ ਬਿਨਾ ਕੋਈ ਦੂਜਾ ਨਹੀਂ ਦਿੱਸਦਾ।
37846	886	ਠਾਕੁਰੁ ਮੇਰਾ ਸੁਘੜੁ ਸੁਜਾਨਾ॥		Thaakur Maeraa Sugharr Sujaanaa ||	My Lord and Master is wise and all-knowing.	ਹੇ ਭਾਈ! ਮੇਰਾ ਉਹ ਮਾਲਕ-ਪ੍ਰਭੂ ਗੰਭੀਰ ਸੁਭਾਉ ਵਾਲਾ ਹੈ ਤੇ ਸਭ ਦੇ ਦਿਲ ਦੀ ਜਾਣਨ ਵਾਲਾ ਹੈ।
37847	886	ਗੁਰਮੁਖਿ ਮਿਲਿਆ ਰੰਗੁ ਮਾਨਾ॥੧॥		Guramukh Miliaa Rang Maanaa ||1||	Meeting with the Gurmukh, I enjoy His Love. ||1||	ਗੁਰੂ ਦੀ ਰਾਹੀਂ, ਜਿਸ ਨੂੰ ਉਹ ਮਿਲ ਪੈਂਦਾ ਹੈ, ਉਹ ਮਨੁੱਖ ਆਤਮਕ ਆਨੰਦ ਮਾਣਦਾ ਹੈ ॥੧॥
37848	886	ਐਸੋ ਰੇ ਹਰਿ ਰਸੁ ਮੀਠਾ॥		Aiso Rae Har Ras Meethaa ||	Such is the sweet, subtle essence of the Lord.	ਹੇ ਭਾਈ! ਪਰਮਾਤਮਾ ਦੇ ਨਾਮ ਦਾ ਸੁਆਦ ਅਸਚਰਜ ਹੈ ਮਿੱਠਾ ਹੈ।
37849	886	ਗੁਰਮੁਖਿ ਕਿਨੈ ਵਿਰਲੈ ਡੀਠਾ॥੧॥ਰਹਾਉ॥		Guramukh Kinai Viralai Ddeethaa ||1|| Rehaao ||	How rare are those who, as Gurmukh, taste it. ||1||Pause||	ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਉਸ ਦਾ ਦਰਸਨ ਕੀਤਾ ਹੈ ॥੧॥ ਰਹਾਉ ॥

37850	886	ਨਿਰਮਲ ਜੋਤਿ ਅੰਮ੍ਰਿਤੁ ਹਰਿ ਨਾਮ॥		Niramal Joth Anmrith Har Naam ||	The Light of the Ambrosial Name of the Lord is immaculate and pure.	ਹੇ ਭਾਈ! ਉਸ ਪਰਮਾਤਮਾ ਦਾ ਨੂਰ ਮੈਲ-ਰਹਿਤ ਹੈ, ਉਸ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਜਲ ਸਮਝੋ।
37851	887	ਪੀਵਤ ਅਮਰ ਭਏ ਨਿਹਕਾਮ॥		Peevath Amar Bheae Nihakaam ||	Drinking it in, one becomes immortal and free of desire.	ਉਸ ਨਾਮ-ਅੰਮ੍ਰਿਤ ਨੂੰ ਪੀਂਦਿਆਂ ਹੀ ਮਨੁੱਖ ਅਟੱਲ ਆਤਮਕ ਜੀਵਨ ਵਾਲੇ ਅਤੇ ਵਾਸਨਾ-ਰਹਿਤ ਹੋ ਜਾਂਦੇ ਹਨ।
37852	887	ਤਨੁ ਮਨੁ ਸੀਤਲੁ ਅਗਨਿ ਨਿਵਾਰੀ॥		Than Man Seethal Agan Nivaaree ||	The body and mind are cooled and soothed, and the fire is extinguished.	ਉਹਨਾਂ ਦਾ ਤਨ ਉਹਨਾਂ ਦਾ ਮਨ ਸ਼ਾਂਤ ਹੋ ਜਾਂਦਾ ਹੈ। ਪਰਮਾਤਮਾ (ਉਹਨਾਂ ਦੇ ਅੰਦਰੋਂ ਤ੍ਰਿਸ਼ਨਾ ਦੀ) ਅੱਗ ਬੁਝਾ ਦੇਂਦਾ ਹੈ।
37853	887	ਅਨਦ ਰੂਪ ਪ੍ਰਗਟੇ ਸੰਸਾਰੀ॥੨॥		Anadh Roop Pragattae Sansaaree ||2||	Such a being is the embodiment of bliss, famous throughout the world. ||2||	ਉਹ ਹਰ ਵੇਲੇ ਆਨੰਦ-ਭਰਪੂਰ ਰਹਿੰਦੇ ਹਨ, ਅਤੇ ਜਗਤ ਵਿਚ ਨਾਮਣੇ ਵਾਲੇ ਹੋ ਜਾਂਦੇ ਹਨ ॥੨॥
37854	887	ਕਿਆ ਦੇਵਉ ਜਾ ਸਭੁ ਕਿਛੁ ਤੇਰਾ॥		Kiaa Dhaevo Jaa Sabh Kishh Thaeraa ||	What can I offer You, Lord? Everything belongs to You.	(ਹੇ ਪ੍ਰਭੂ! ਤੇਰਾ ਉਹ ਨਾਮ-ਅੰਮ੍ਰਿਤ ਪ੍ਰਾਪਤ ਕਰਨ ਵਾਸਤੇ) ਮੈਂ ਤੇਰੇ ਅੱਗੇ ਕੀਹ ਲਿਆ ਧਰਾਂ, ਕਿਉਂਕਿ (ਮੇਰੇ ਪਾਸ ਤਾਂ) ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ।
37855	887	ਸਦ ਬਲਿਹਾਰਿ ਜਾਉ ਲਖ ਬੇਰਾ॥	ਲੱਖ	Sadh Balihaar Jaao Lakh Baeraa ||	I am forever a sacrifice to You, hundreds of thousands of times.	ਹੇ ਪ੍ਰਭੂ! ਮੈਂ ਤੈਥੋਂ ਸਦਾ ਹੀ ਲੱਖਾਂ ਵਾਰੀ ਸਦਕੇ ਜਾਂਦਾ ਹਾਂ।

37856	887	ਤਨੁ ਮਨੁ ਜੀਉ ਪਿੰਡੁ ਦੇ ਸਾਜਿਆ॥		Than Man Jeeo Pindd Dhae Saajiaa ||	You blessed me, and fashioned my body, mind and soul.	ਇਹ ਤਨ ਇਹ ਮਨ, ਇਹ ਜਿੰਦ ਇਹ ਸਰੀਰ ਦੇ ਕੇ ਤੂੰ ਮੈਨੂੰ ਪੈਦਾ ਕੀਤਾ ਹੈ,
37857	887	ਗੁਰ ਕਿਰਪਾ ਤੇ ਨੀਚੁ ਨਿਵਾਜਿਆ॥੩॥		Gur Kirapaa Thae Neech Nivaajiaa ||3||	By Guru's Grace, this lowly being was exalted. ||3||	ਅਤੇ ਗੁਰੂ ਦੀ ਮੇਹਰ ਨਾਲ ਤੂੰ ਮੈਨੂੰ ਨਕਾਰੇ ਨੂੰ ਵਡਿਆਈ ਦਿੱਤੀ ਹੈ ॥੩॥
37858	887	ਖੋਲਿ ਕਿਵਾਰਾ ਮਹਲਿ ਬੁਲਾਇਆ॥	ਖ੍ਹੋਲਿ	Khol Kivaaraa Mehal Bulaaeiaa ||	Opening the door, You summoned me to the Mansion of Your Presence.	(ਹੇ ਪ੍ਰਭੂ! ਮੇਰੇ ਮਨ ਦੇ) ਕਿਵਾੜ ਖੋਲ੍ਹ ਕੇ ਤੂੰ ਮੈਨੂੰ ਆਪਣੇ ਚਰਨਾਂ ਵਿਚ ਜੋੜ ਲਿਆ ਹੈ,
37859	887	ਜੈਸਾ ਸਾ ਤੈਸਾ ਦਿਖਲਾਇਆ ॥		Jaisaa Saa Thaisaa Dhikhalaaeiaa ||	As You are, so You have revealed Yourself to me.	ਤੂੰ ਮੈਨੂੰ ਸਾਖਿਆਤ ਆਪਣਾ ਦੀਦਾਰ ਬਖ਼ਸ਼ਿਆ ਹੈ।
37860	887	ਕਹੁ ਨਾਨਕ ਸਭੁ ਪੜਦਾ ਤੂਟਾ॥	ਤ੍ਹੂਟਾ	Kahu Naanak Sabh Parradhaa Thoottaa ||	Says Nanak, the screen is totally torn away;	ਨਾਨਕ ਆਖਦਾ ਹੈ- (ਤੇਰੇ ਨਾਲੋਂ ਵਿੱਥ ਪਾਣ ਵਾਲਾ ਮੇਰੇ ਅੰਦਰੋਂ) ਸਾਰਾ ਪਰਦਾ ਹੁਣ ਟੁੱਟ ਗਿਆ ਹੈ,
37861	887	ਹਉ ਤੇਰਾ ਤੂ ਮੈ ਮਨਿ ਵੂਠਾ॥੪॥੩॥੧੪॥	ਵ੍ਹੂਠਾ	Ho Thaeraa Thoo Mai Man Voothaa ||4||3||14||	I am Yours, and You are enshrined within my mind. ||4||3||14||	ਹੁਣ ਤੂੰ ਮੇਰੇ ਮਨ ਵਿਚ ਆ ਵੱਸਿਆ ਹੈਂ, ਮੈਂ ਤੇਰਾ ਹੋ ਚੁਕਾ ਹਾਂ ॥੪॥੩॥੧੪॥
37862	887	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	

37863	887	ਸੇਵਕੁ ਲਾਇਓ ਅਪੁਨੀ ਸੇਵ॥		Saevak Laaeiou Apunee Saev ||	He has linked His servant to His service.	ਹੇ ਭਾਈ! ਜਿਸ (ਗੁਰੂ) ਨੇ (ਮੈਨੂੰ ਆਪਣਾ) ਸੇਵਕ (ਬਣਾ ਕੇ) ਆਪਣੀ (ਇਸ) ਸੇਵਾ ਵਿਚ ਲਾਇਆ ਹੈ,
37864	887	ਅੰਮ੍ਰਿਤੁ ਨਾਮੁ ਦੀਓ ਮੁਖਿ ਦੇਵ॥		Anmrith Naam Dheeou Mukh Dhaev ||	The Divine Guru has poured the Ambrosial Naam, the Name of the Lord, into his mouth.	ਜਿਸ ਨੇ ਚਾਨਣ-ਰੂਪ ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ (ਜਪਣ ਵਾਸਤੇ ਮੇਰੇ) ਮੂੰਹ ਵਿਚ ਦਿੱਤਾ ਹੈ,
37865	887	ਸਗਲੀ ਚਿੰਤਾ ਆਪਿ ਨਿਵਾਰੀ॥		Sagalee Chinthaa Aap Nivaaree ||	He has subdued all his anxiety.	ਜਿਸ ਨੇ (ਮੇਰੇ ਅੰਦਰੋਂ) ਸਾਰੀ ਚਿੰਤਾ ਆਪ (ਮੇਹਰ ਕਰ ਕੇ) ਦੂਰ ਕਰ ਦਿੱਤੀ ਹੈ,
37866	887	ਤਿਸੁ ਗੁਰ ਕਉ ਹਉ ਸਦ ਬਲਿਹਾਰੀ॥੧॥	ਸਦ:ਪੌਲਾ ਬੋਲੋ	This Gur Ko Ho Sadh Balihaaree ||1||	I am forever a sacrifice to that Guru. ||1||	ਮੈਂ ਉਸ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ ॥੧॥
37867	887	ਕਾਜ ਹਮਾਰੇ ਪੂਰੇ ਸਤਗੁਰ॥		Kaaj Hamaarae Poorae Sathagur ||	The True Guru has perfectly resolved my affairs.	ਹੇ ਸਤਿਗੁਰੂ! ਤੂੰ ਮੇਰੇ ਸਾਰੇ ਕੰਮ ਸਿਰੇ ਚਾੜ੍ਹ ਦਿੱਤੇ ਹਨ (ਤੇਰੀ ਮੇਹਰ ਨਾਲ ਮੈਂ ਬੇ-ਗ਼ਰਜ਼ ਹੋ ਗਿਆ ਹਾਂ)।
37868	887	ਬਾਜੇ ਅਨਹਦ ਤੂਰੇ ਸਤਗੁਰ॥੧॥ਰਹਾਉ॥		Baajae Anehadh Thoorae Sathagur ||1|| Rehaao ||	The True Guru vibrates the unstruck melody of the sound current. ||1||Pause||	ਹੇ ਸਤਿਗੁਰੂ! (ਹੁਣ ਇਉਂ ਪ੍ਰਤੀਤ ਹੋ ਰਿਹਾ ਹੈ, ਜਿਵੇਂ ਮੇਰੇ ਅੰਦਰ) ਇੱਕ-ਰਸ (ਖ਼ੁਸ਼ੀ ਦੇ) ਵਾਜੇ ਵੱਜ ਰਹੇ ਹਨ ॥੧॥ ਰਹਾਉ ॥
37869	887	ਮਹਿਮਾ ਜਾ ਕੀ ਗਹਿਰ ਗੰਭੀਰ॥		Mehimaa Jaa Kee Gehir Ganbheer ||	His Glory is profound and unfathomable.	ਹੇ ਭਾਈ! ਜਿਸ ਪਰਮਾਤਮਾ ਦੀ ਵਡਿਆਈ ਬੇਅੰਤ ਅਥਾਹ ਹੈ,

37870	887	ਹੋਇ ਨਿਹਾਲੁ ਦੇਇ ਜਿਸੁ ਧੀਰ॥		Hoe Nihaal Dhaee Jis Dhheer ||	One whom He blesses with patience becomes blissful.	ਉਹ ਜਿਸ (ਮਨੁੱਖ) ਨੂੰ ਧੀਰਜ ਬਖ਼ਸ਼ਦਾ ਹੈ, ਉਹ ਮਨੁੱਖ ਲੂੰ-ਲੂੰ ਖ਼ੁਸ਼ ਹੋ ਜਾਂਦਾ ਹੈ।
37871	887	ਜਾ ਕੇ ਬੰਧਨ ਕਾਟੇ ਰਾਇ॥		Jaa Kae Bandhhan Kaattae Raae ||	One whose bonds are shattered by the Sovereign Lord	ਉਹ ਪ੍ਰਭੂ-ਪਾਤਿਸ਼ਾਹ ਜਿਸ ਮਨੁੱਖ ਦੇ (ਮਾਇਆ ਦੇ) ਬੰਧਨ ਕੱਟ ਦੇਂਦਾ ਹੈ,
37872	887	ਸੋ ਨਰੁ ਬਹੁਰਿ ਨ ਜੋਨੀ ਪਾਇ॥੨॥		So Nar Bahur N Jonee Paae ||2||	Is not cast into the womb of reincarnation again. ||2||	ਉਹ ਮਨੁੱਖ ਮੁੜ ਜਨਮਾਂ ਦੇ ਗੇੜ ਵਿਚ ਨਹੀਂ ਪੈਂਦਾ ॥੨॥
37873	887	ਜਾ ਕੈ ਅੰਤਰਿ ਪ੍ਰਗਟਿਓ ਆਪ॥		Jaa Kai Anthar Pragattiou Aap ||	One who is illuminated by the Lord's radiance within,	ਹੇ ਭਾਈ! ਪਰਮਾਤਮਾ ਆਪ ਜਿਸ ਮਨੁੱਖ ਦੇ ਹਿਰਦੇ ਵਿਚ ਆਪਣਾ ਪ੍ਰਕਾਸ਼ ਕਰਦਾ ਹੈ,
37874	887	ਤਾ ਕਉ ਨਾਹੀ ਦੂਖ ਸੰਤਾਪ॥		Thaa Ko Naahee Dhookh Santhaap ||	Is not touched by pain and sorrow.	ਉਸ ਨੂੰ ਕੋਈ ਦੁੱਖ-ਕਲੇਸ਼ ਪੋਹ ਨਹੀਂ ਸਕਦਾ।
37875	887	ਲਾਲੁ ਰਤਨੁ ਤਿਸੁ ਪਾਲੈ ਪਰਿਆ॥		Laal Rathan This Paalai Pariaa ||	He holds in his robe the gems and jewels.	ਉਸ ਮਨੁੱਖ ਨੂੰ ਪ੍ਰਭੂ ਦਾ ਨਾਮ-ਲਾਲ ਲੱਭ ਪੈਂਦਾ ਹੈ, ਨਾਮ-ਰਤਨ ਮਿਲ ਜਾਂਦਾ ਹੈ।
37876	887	ਸਗਲ ਕੁਟੰਬ ਓਹੁ ਜਨੁ ਲੈ ਤਰਿਆ॥੩॥		Sagal Kuttanb Ouhu Jan Lai Thariaa ||3||	That humble being is saved, along with all his generations. ||3||	ਉਹ ਮਨੁੱਖ ਆਪਣੇ ਸਾਰੇ ਪਰਵਾਰ ਨੂੰ (ਭੀ ਆਪਣੇ ਨਾਲ) ਲੈ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੩॥
37877	887	ਨਾ ਕਿਛੁ ਭਰਮੁ ਨ ਦੁਬਿਧਾ ਦੂਜਾ॥		Naa Kishh Bharam N Dhubidhhaa Dhoojaa ||	He has no doubt, double-mindedness or duality at all.	ਹੇ ਭਾਈ! ਉਸ ਮਨੁੱਖ ਨੂੰ ਕੋਈ ਭਟਕਣਾ ਨਹੀਂ ਰਹਿੰਦੀ, ਉਸ ਦੇ ਅੰਦਰ ਦੁਚਿੱਤਾ-ਪਨ ਨਹੀਂ ਰਹਿ ਜਾਂਦਾ, ਉਸ ਦੇ ਹਿਰਦੇ ਵਿਚ ਮੇਰ-ਤੇਰ ਨਹੀਂ ਹੁੰਦੀ,

37878	887	ਏਕੋ ਏਕੁ ਨਿਰੰਜਨ ਪੂਜਾ॥	ਪੂਜਾ:ਪੋਲਾ ਬੋਲੋ	Eaeko Eaek Niranjan Poojaa ||	He worships and adores the One Immaculate Lord alone.	ਜੇਹੜਾ ਮਨੁੱਖ ਸਿਰਫ਼ ਇੱਕ ਮਾਇਆ ਤੋਂ ਨਿਰਲੇਪ ਪ੍ਰਭੂ ਦੀ ਬੰਦਗੀ ਕਰਦਾ ਹੈ।
37879	887	ਜਤ ਕਤ ਦੇਖਉ ਆਪਿ ਦਇਆਲ॥	ਜਤ,ਕਤ:ਪੋਲਾ ਬੋਲੋ	Jath Kath Dhaekho Aap Dhaeiaal ||	Wherever I look, I see the Merciful Lord.	ਹੁਣ ਮੈਂ ਜਿਧਰ ਕਿਧਰ ਵੇਖਦਾ ਹਾਂ, ਮੈਨੂੰ ਉਹ ਦਇਆ ਦਾ ਘਰ ਪ੍ਰਭੂ ਹੀ ਦਿੱਸ ਰਿਹਾ ਹੈ।
37880	887	ਕਹੁ ਨਾਨਕ ਪ੍ਰਭ ਮਿਲੇ ਰਸਾਲ॥੪॥੪॥੧੫॥		Kahu Naanak Prabh Milae Rasaal ||4||4||15||	Says Nanak, I have found God, the source of nectar. ||4||4||15||	ਨਾਨਕ ਆਖਦਾ ਹੈ- (ਗੁਰੂ ਦੀ ਕਿਰਪਾ ਨਾਲ ਮੈਨੂੰ) ਆਨੰਦ ਦਾ ਸੋਮਾ ਪ੍ਰਭੂ ਜੀ ਮਿਲ ਪਏ ਹਨ ॥੪॥੪॥੧੫॥
37881	887	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
37882	887	ਤਨ ਤੇ ਛੁਟਕੀ ਅਪਨੀ ਧਾਰੀ॥		Than Thae Shhuttakee Apanee Dhhaaree ||	My self-conceit has been eliminated from my body.	(ਹੇ ਭਾਈ! ਗੁਰੂ ਦੀ ਕਿਰਪਾ ਨਾਲ) ਮੇਰੇ ਸਰੀਰ ਵਿਚੋਂ ਇਹ ਮਿੱਥ ਮੁੱਕ ਗਈ ਹੈ ਕਿ ਇਹ ਸਰੀਰ ਮੇਰਾ ਹੈ, ਇਹ ਸਰੀਰ ਮੇਰਾ ਹੈ।
37883	887	ਪ੍ਰਭ ਕੀ ਆਗਿਆ ਲਗੀ ਪਿਆਰੀ॥		Prabh Kee Aagiaa Lagee Piaaree ||	The Will of God is dear to me.	ਹੁਣ ਮੈਨੂੰ ਪਰਮਾਤਮਾ ਦੀ ਰਜ਼ਾ ਮਿੱਠੀ ਲੱਗਣ ਲੱਗ ਪਈ ਹੈ।
37884	887	ਜੋ ਕਿਛੁ ਕਰੈ ਸੁ ਮਨਿ ਮੇਰੈ ਮੀਠਾ॥		Jo Kishh Karai S Man Maerai Meethaa ||	Whatever He does, seems sweet to my mind.	ਜੋ ਕੁਝ ਪਰਮਾਤਮਾ ਕਰਦਾ ਹੈ, ਉਹ (ਹੁਣ) ਮੇਰੇ ਮਨ ਵਿਚ ਮਿੱਠਾ ਲੱਗ ਰਿਹਾ ਹੈ।

37885	887	ਤਾ ਇਹੁ ਅਚਰਜੁ ਨੈਨਹੁ ਡੀਠਾ॥੧॥	ਅ-ਚਰਜੁ	Thaa Eihu Acharaj Nainahu Ddeethaa ||1||	And then, these eyes behold the wondrous Lord. ||1||	(ਇਸ ਆਤਮਕ ਤਬਦੀਲੀ ਦਾ) ਇਹ ਅਚਰਜ ਤਮਾਸ਼ਾ ਮੈਂ ਪਰਤੱਖ ਵੇਖ ਲਿਆ ਹੈ ॥੧॥
37886	887	ਅਬ ਮੋਹਿ ਜਾਨੀ ਰੇ ਮੇਰੀ ਗਈ ਬਲਾਇ॥		Ab Mohi Jaanee Rae Maeree Gee Balaae ||	Now, I have become wise and my demons are gone.	ਹੇ ਭਾਈ! ਹੁਣ ਮੈਂ (ਆਤਮਕ ਜੀਵਨ ਦੀ ਮਰਯਾਦਾ) ਸਮਝ ਲਈ ਹੈ, ਮੇਰੇ ਅੰਦਰੋਂ (ਚਿਰਾਂ ਦੀ ਚੰਬੜੀ ਹੋਈ ਮਮਤਾ ਦੀ) ਡੈਣ ਨਿਕਲ ਗਈ ਹੈ।
37887	887	ਬੁਝਿ ਗਈ ਤ੍ਰਿਸਨ ਨਿਵਾਰੀ ਮਮਤਾ ਗੁਰਿ ਪੂਰੈ ਲੀਓ ਸਮਝਾਇ॥੧॥ਰਹਾਉ ॥	ਬੁਝਿ:ਪੋਲਾ ਬੋਲੋ	Bujh Gee Thrisan Nivaaree Mamathaa Gur Poorai Leeou Samajhaae ||1|| Rehaao ||	My thirst is quenched, and my attachment is dispelled. The Perfect Guru has instructed me. ||1||Pause||	ਪੂਰੇ ਗੁਰੂ ਨੇ ਮੈਨੂੰ (ਜੀਵਨ ਦੀ) ਸੂਝ ਬਖ਼ਸ਼ ਦਿੱਤੀ ਹੈ। (ਮੇਰੇ ਅੰਦਰੋਂ) ਮਾਇਆ ਦੇ ਲਾਲਚ ਦੀ ਅੱਗ ਬੁੱਝ ਗਈ ਹੈ, ਗੁਰੂ ਨੇ ਮੇਰਾ ਮਾਇਆ ਦਾ ਮੋਹ ਦੂਰ ਕਰ ਦਿੱਤਾ ਹੈ ॥੧॥ ਰਹਾਉ ॥
37888	887	ਕਰਿ ਕਿਰਪਾ ਰਾਖਿਓ ਗੁਰਿ ਸਰਨਾ॥		Kar Kirapaa Raakhiou Gur Saranaa ||	In His Mercy, the Guru has kept me under His protection.	(ਹੇ ਭਾਈ! ਗੁਰੂ ਨੇ ਮੇਹਰ ਕਰ ਕੇ ਮੈਨੂੰ ਆਪਣੀ ਸਰਨ ਵਿਚ ਰੱਖਿਆ ਹੋਇਆ ਹੈ।
37889	887	ਗੁਰਿ ਪਕਰਾਏ ਹਰਿ ਕੇ ਚਰਨਾ॥		Gur Pakaraaeae Har Kae Charanaa ||	The Guru has attached me to the Lord's Feet.	ਗੁਰੂ ਨੇ ਪ੍ਰਭੂ ਦੇ ਚਰਨ ਫੜਾ ਦਿੱਤੇ ਹਨ।
37890	887	ਬੀਸ ਬਿਸੁਏ ਜਾ ਮਨ ਠਹਰਾਨੇ॥		Bees Bisueae Jaa Man Theharaanae ||	When the mind is totally held in check,	ਹੁਣ ਜਦੋਂ ਮੇਰਾ ਮਨ ਪੂਰੇ ਤੌਰ ਤੇ ਠਹਿਰ ਗਿਆ ਹੈ, (ਟਿਕ ਗਿਆ ਹੈ),

37891	887	ਗੁਰ ਪਾਰਬ੍ਰਹਮ ਏਕੈ ਹੀ ਜਾਨੇ॥੨॥		Gur Paarabreham Eaekai Hee Jaanae ||2||	One sees the Guru and the Supreme Lord God as one and the same. ||2||	ਮੈਨੂੰ ਗੁਰੂ ਅਤੇ ਪਰਮਾਤਮਾ ਇੱਕ-ਰੂਪ ਦਿੱਸ ਰਹੇ ਹਨ ॥੨॥
37892	887	ਜੋ ਜੋ ਕੀਨੋ ਹਮ ਤਿਸ ਕੇ ਦਾਸ॥		Jo Jo Keeno Ham This Kae Dhaas ||	Whoever You have created, I am his slave.	(ਹੇ ਭਾਈ!) ਜੇਹੜਾ ਜੇਹੜਾ ਜੀਵ ਪਰਮਾਤਮਾ ਨੇ ਪੈਦਾ ਕੀਤਾ ਹੈ ਮੈਂ ਹਰੇਕ ਦਾ ਸੇਵਕ ਬਣ ਗਿਆ ਹਾਂ,
37893	887	ਪ੍ਰਭ ਮੇਰੇ ਕੋ ਸਗਲ ਨਿਵਾਸ॥		Prabh Maerae Ko Sagal Nivaas ||	My God dwells in all.	(ਕਿਉਂਕਿ ਗੁਰੂ ਦੀ ਕਿਰਪਾ ਨਾਲ ਮੈਨੂੰ ਦਿੱਸ ਪਿਆ ਹੈ ਕਿ) ਸਾਰੇ ਹੀ ਜੀਵਾਂ ਵਿਚ ਮੇਰੇ ਪਰਮਾਤਮਾ ਦਾ ਨਿਵਾਸ ਹੈ।
37894	887	ਨਾ ਕੋ ਦੂਤੁ ਨਹੀ ਬੈਰਾਈ॥		Naa Ko Dhooth Nehee Bairaaee ||	I have no enemies, no adversaries.	ਮੈਨੂੰ ਕੋਈ ਭੀ ਜੀਵ ਆਪਣਾ ਦੁਸ਼ਮਨ ਵੈਰੀ ਨਹੀਂ ਦਿੱਸਦਾ।
37895	887	ਗਲਿ ਮਿਲਿ ਚਾਲੇ ਏਕੈ ਭਾਈ॥੩॥	ਗਲਿ:ਪੋਲਾ ਬੋਲੋ	Gal Mil Chaalae Eaekai Bhaaee ||3||	I walk arm in arm, like brothers, with all. ||3||	ਹੁਣ ਮੈਂ ਸਭਨਾਂ ਦੇ ਗਲ ਨਾਲ ਮਿਲ ਕੇ ਤੁਰਦਾ ਹਾਂ (ਜਿਵੇਂ ਅਸੀ) ਇੱਕੋ ਪਿਤਾ (ਦੇ ਪੁੱਤਰ) ਭਰਾ ਹਾਂ ॥੩॥
37896	887	ਜਾ ਕਉ ਗੁਰਿ ਹਰਿ ਦੀਏ ਸੂਖਾ॥		Jaa Ko Gur Har Dheeeae Sookhaa ||	One whom the Guru, the Lord, blesses with peace,	ਜਿਸ ਮਨੁੱਖ ਨੂੰ ਗੁਰੂ ਨੇ ਪ੍ਰਭੂ ਨੇ (ਇਹ) ਸੁਖ ਦੇ ਦਿੱਤੇ,
37897	887	ਤਾ ਕਉ ਬਹੁਰਿ ਨ ਲਾਗਹਿ ਦੂਖਾ॥		Thaa Ko Bahur N Laagehi Dhookhaa ||	Does not suffer in pain any longer.	ਉਸ ਉੱਤੇ ਦੁੱਖ ਮੁੜ ਆਪਣਾ ਜ਼ੋਰ ਨਹੀਂ ਪਾ ਸਕਦੇ।
37898	887	ਆਪੇ ਆਪਿ ਸਰਬ ਪ੍ਰਤਿਪਾਲ॥		Aapae Aap Sarab Prathipaal ||	He Himself cherishes all.	(ਉਸ ਨੂੰ ਇਹ ਦਿੱਸ ਪੈਂਦਾ ਹੈ ਕਿ) ਪਰਮਾਤਮਾ ਆਪ ਹੀ ਸਭਨਾਂ ਦੀ ਪਾਲਣਾ ਕਰਨ ਵਾਲਾ ਹੈ।

37899	887	ਨਾਨਕ ਰਾਤਉ ਰੰਗਿ ਗੋਪਾਲ॥੪॥੫॥੧੬॥		Naanak Raatho Rang Gopaal ||4||5||16||	Nanak is imbued with the love of the Lord of the World. ||4||5||16||	ਹੇ ਨਾਨਕ! ਉਹ ਮਨੁੱਖ ਸ੍ਰਿਸ਼ਟੀ ਦੇ ਰੱਖਿਅਕ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ ॥੪॥੫॥੧੬॥
37900	887	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
37901	887	ਮੁਖ ਤੇ ਪੜਤਾ ਟੀਕਾ ਸਹਿਤ॥	ਪੜ੍ਹਤਾ	Mukh Thae Parrathaa Tteekaa Sehith ||	You read the scriptures, and the commentaries,	(ਜੇਹੜਾ ਮਨੁੱਖ ਧਰਮ-ਪੁਸਤਕਾਂ ਨੂੰ) ਮੂੰਹੋਂ ਤਾਂ ਅਰਥਾਂ ਸਮੇਤ ਪੜ੍ਹਦਾ ਹੈ,
37902	887	ਹਿਰਦੈ ਰਾਮੁ ਨਹੀ ਪੂਰਨ ਰਹਤ॥	(ਨਹੀ)ਦੇਲ੍ਹੀ ਦੀਵਾ	Hiradhai Raam Nehee Pooran Rehath ||	But the Perfect Lord does not dwell in your heart.	ਪਰ ਉਸ ਦੇ ਹਿਰਦੇ ਵਿਚ ਪਰਮਾਤਮਾ ਨਹੀਂ ਵੱਸਦਾ, ਨਾਹ ਹੀ ਉਸ ਦੀ ਰਹਿਣੀ ਬੇ-ਦਾਗ਼ ਹੈ,
37903	887	ਉਪਦੇਸੁ ਕਰੇ ਕਰਿ ਲੋਕ ਦ੍ਰਿੜਾਵੈ॥		Oupadhaes Karae Kar Lok Dhrirraavai ||	You preach to others to have faith,	ਹੋਰ ਲੋਕਾਂ ਨੂੰ (ਧਰਮ-ਪੁਸਤਕਾਂ ਦਾ) ਉਪਦੇਸ਼ ਕਰਦਾ ਹੈ (ਅਤੇ ਉਪਦੇਸ਼) ਕਰ ਕੇ ਉਹਨਾਂ ਦੇ ਮਨ ਵਿਚ (ਉਹ ਉਪਦੇਸ਼) ਪੱਕੀ ਤਰ੍ਹਾਂ ਬਿਠਾਂਦਾ ਹੈ,
37904	887	ਅਪਨਾ ਕਹਿਆ ਆਪਿ ਨ ਕਮਾਵੈ॥੧॥		Apanaa Kehiaa Aap N Kamaavai ||1||	But you do not practice what you preach. ||1||	ਪਰ ਆਪਣਾ ਇਹ ਦੱਸਿਆ ਹੋਇਆ ਉਪਦੇਸ਼ ਆਪ ਨਹੀਂ ਕਮਾਂਦਾ (ਉਸ ਨੂੰ ਪੰਡਿਤ ਨਹੀਂ ਆਖਿਆ ਜਾ ਸਕਦਾ) ॥੧॥

37905	887	ਪੰਡਿਤ ਬੇਦੁ ਬੀਚਾਰਿ ਪੰਡਿਤ॥		Panddith Baedh Beechaar Panddith ||	O Pandit, O religious scholar, contemplate the Vedas.	ਹੇ ਪੰਡਿਤ! ਵੇਦ (ਆਦਿਕ ਧਰਮ-ਪੁਸਤਕ ਦੇ ਉਪਦੇਸ਼) ਨੂੰ (ਆਪਣੇ) ਮਨ ਵਿਚ ਵਸਾਈ ਰੱਖ,
37906	887	ਮਨ ਕਾ ਕ੍ਰੋਧੁ ਨਿਵਾਰਿ ਪੰਡਿਤ॥੧॥ਰਹਾਉ॥		Man Kaa Krodhh Nivaar Panddith ||1|| Rehaao ||	Eradicate anger from your mind, O Pandit. ||1||Pause||	ਅਤੇ ਹੇ ਪੰਡਿਤ! ਆਪਣੇ ਮਨ ਦਾ ਗੁੱਸਾ ਦੂਰ ਕਰ ਦੇ ॥੧॥ ਰਹਾਉ ॥
37907	887	ਆਗੈ ਰਾਖਿਓ ਸਾਲਗਿਰਾਮੁ॥		Aagai Raakhiou Saal Giraam ||	You place your stone god before yourself,	(ਆਤਮਕ ਜੀਵਨ ਵਲੋਂ) ਅੰਨ੍ਹਾ (ਮਨੁੱਖ) ਸਾਲਗਰਾਮ ਦੀ ਮੂਰਤੀ ਆਪਣੇ ਸਾਹਮਣੇ ਰੱਖ ਲੈਂਦਾ ਹੈ,
37908	888	ਮਨੁ ਕੀਨੋ ਦਹ ਦਿਸ ਬਿਸ੍ਰਾਮੁ॥		Man Keeno Dheh Dhis Bisraam ||	But your mind wanders in the ten directions.	ਪਰ ਉਸ ਦਾ ਮਨ ਦਸੀਂ ਪਾਸੀਂ ਟਿਕਿਆ ਹੋਇਆ ਹੈ।
37909	888	ਤਿਲਕੁ ਚਰਾਵੈ ਪਾਈ ਪਾਇ॥	ਚਰ੍ਹਾਵੈ। ਪਾਈਂ	Thilak Charaavai Paaee Paae ||	You apply a ceremonial tilak mark to its forehead, and fall at its feet.	ਅੰਨ੍ਹਾ (ਮਨੁੱਖ ਆਪਣੇ ਮੱਥੇ ਉੱਤੇ) ਤਿਲਕ ਲਾਂਦਾ ਹੈ, (ਮੂਰਤੀ ਦੇ) ਪੈਰਾਂ ਉੱਤੇ (ਭੀ) ਪੈਂਦਾ ਹੈ,
37910	888	ਲੋਕੁ ਪਚਾਰਾ ਅੰਧੁ ਕਮਾਇ॥੨॥		Lok Pachaaraa Andhh Kamaae ||2||	You try to appease the people, and act blindly. ||2||	ਪਰ ਇਹ ਸਭ ਕੁਝ ਉਹ ਸਿਰਫ਼ ਦੁਨੀਆ ਨੂੰ ਪਤਿਆਉਣ ਦਾ ਕੰਮ ਹੀ ਕਰਦਾ ਹੈ ॥੨॥
37911	888	ਖਟੁ ਕਰਮਾ ਅਰੁ ਆਸਣੁ ਧੋਤੀ॥	ਖਟ੍ਟ:ਪੋਲਾ ਬੋਲੋ	Khatt Karamaa Ar Aasan Dhhothee ||	You perform the six religious rituals, and sit wearing your loin-cloth.	(ਆਤਮਕ ਜੀਵਨ ਵਲੋਂ ਅੰਨ੍ਹਾ ਮਨੁੱਖ ਸ਼ਾਸਤ੍ਰਾਂ ਦੇ ਦੱਸੇ ਹੋਏ) ਛੇ ਧਾਰਮਿਕ ਕੰਮ ਕਰਦਾ ਹੈ,

37912	888	ਭਾਗਠਿ ਗ੍ਰਿਹਿ ਪੜੈ ਨਿਤ ਪੋਥੀ॥	ਪੜੈ ਨਿੱਤ	Bhaagath Grihi Parrai Nith Pothhee ||	In the homes of the wealthy, you read the prayer book.	(ਦੇਵ-ਪੂਜਾ ਕਰਨ ਵਾਸਤੇ ਉਸ ਨੇ ਉੱਨ ਆਦਿਕ ਦਾ) ਆਸਣ (ਭੀ ਰੱਖਿਆ ਹੋਇਆ ਹੈ, ਪੂਜਾ ਕਰਨ ਵੇਲੇ) ਧੋਤੀ (ਭੀ ਪਹਿਨਦਾ ਹੈ), ਕਿਸੇ ਧਨਾਢ ਦੇ ਘਰ (ਜਾ ਕੇ) ਸਦਾ (ਆਪਣੀ ਧਾਰਮਿਕ) ਪੁਸਤਕ ਭੀ ਪੜ੍ਹਦਾ ਹੈ,
37913	888	ਮਾਲਾ ਫੇਰੈ ਮੰਗੈ ਬਿਭੂਤ॥		Maalaa Faerai Mangai Bibhooth ||	You chant on your mala, and beg for money.	(ਉਸ ਦੇ ਘਰ ਬੈਠ ਕੇ) ਮਾਲਾ ਫੇਰਦਾ ਹੈ, (ਫਿਰ ਉਸ ਧਨਾਢ ਪਾਸੋਂ) ਧਨ-ਪਦਾਰਥ ਮੰਗਦਾ ਹੈ-
37914	888	ਇਹ ਬਿਧਿ ਕੋਇ ਨ ਤਰਿਓ ਮੀਤ॥੩॥		Eih Bidhh Koe N Thariou Meeth ||3||	No one has ever been saved in this way, friend. ||3||	ਹੇ ਮਿੱਤਰ! ਇਸ ਤਰੀਕੇ ਨਾਲ ਕੋਈ ਮਨੁੱਖ ਕਦੇ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘਿਆ ॥੩॥
37915	888	ਸੋ ਪੰਡਿਤੁ ਗੁਰ ਸਬਦੁ ਕਮਾਇ॥		So Panddith Gur Sabadh Kamaae ||	He alone is a Pandit, who lives the Word of the Guru's Shabad.	ਉਹ ਮਨੁੱਖ (ਹੀ) ਪੰਡਿਤ ਹੈ ਜੇਹੜਾ ਗੁਰੂ ਦੇ ਸ਼ਬਦ ਅਨੁਸਾਰ ਆਪਣਾ ਜੀਵਨ ਢਾਲਦਾ ਹੈ।
37916	888	ਤ੍ਰੈ ਗੁਣ ਕੀ ਓਸੁ ਉਤਰੀ ਮਾਇ॥	ਉੱਤਰੀ	Thrai Gun Kee Ous Outharee Maae ||	Maya, of the three qualities, leaves him.	ਤਿੰਨਾਂ ਗੁਣਾਂ ਵਾਲੀ ਇਹ ਮਾਇਆ ਉਸ ਮਨੁੱਖ ਉਤੇ ਆਪਣਾ ਜ਼ੋਰ ਨਹੀਂ ਪਾ ਸਕਦੀ।
37917	888	ਚਤੁਰ ਬੇਦ ਪੂਰਨ ਹਰਿ ਨਾਇ॥		Chathur Baedh Pooran Har Naae ||	The four Vedas are completely contained within the Lord's Name.	ਉਸ ਦੇ ਭਾ ਦੇ ਪਰਮਾਤਮਾ ਦੇ ਨਾਮ ਵਿਚ (ਹੀ) ਚਾਰੇ ਵੇਦ ਮੁਕੰਮਲ ਤੌਰ ਤੇ ਆ ਜਾਂਦੇ ਹਨ।

37918	888	ਨਾਨਕ ਤਿਸ ਕੀ ਸਰਣੀ ਪਾਇ॥੪॥੬॥੧੭॥		Naanak This Kee Saranee Paae ||4||6||17||	Nanak seeks His Sanctuary. ||4||6||17||	ਹੇ ਨਾਨਕ! (ਆਖ-ਕੋਈ ਭਾਗਾਂ ਵਾਲਾ ਮਨੁੱਖ) ਉਸ (ਪੰਡਿਤ) ਦੀ ਸਰਨ ਪੈਂਦਾ ਹੈ ॥੪॥੬॥੧੭॥
37919	888	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
37920	888	ਕੋਟਿ ਬਿਘਨ ਨਹੀ ਆਵਹਿ ਨੇਰਿ॥		Kott Bighan Nehee Aavehi Naer ||	Millions of troubles do not come near him;	ਹੇ ਭਾਈ! (ਉਸ ਮਨੁੱਖ ਦੀ ਜ਼ਿੰਦਗੀ ਦੇ ਰਾਹ ਵਿਚ ਆਉਣ ਵਾਲੀਆਂ) ਕ੍ਰੋੜਾਂ ਰੁਕਾਵਟਾਂ ਉਸ ਦੇ ਨੇੜੇ ਨਹੀਂ ਆਉਂਦੀਆਂ,
37921	888	ਅਨਿਕ ਮਾਇਆ ਹੈ ਤਾ ਕੀ ਚੇਰਿ॥		Anik Maaeiaa Hai Thaa Kee Chaer ||	The many manifestations of Maya are his hand-maidens;	ਅਨੇਕਾਂ (ਤਰੀਕਿਆਂ ਨਾਲ ਮੋਹਣ ਵਾਲੀ) ਮਾਇਆ ਉਸ ਦੀ ਦਾਸੀ ਬਣੀ ਰਹਿੰਦੀ ਹੈ,
37922	888	ਅਨਿਕ ਪਾਪ ਤਾ ਕੇ ਪਾਨੀਹਾਰ॥		Anik Paap Thaa Kae Paaneehaar ||	Countless sins are his water-carriers;	(ਜਗਤ ਦੇ) ਅਨੇਕਾਂ ਵਿਕਾਰ ਉਸ ਦਾ ਪਾਣੀ ਭਰਨ ਵਾਲੇ ਬਣ ਜਾਂਦੇ ਹਨ (ਉਸ ਉੱਤੇ ਆਪਣਾ ਜ਼ੋਰ ਨਹੀਂ ਪਾ ਸਕਦੇ),
37923	888	ਜਾ ਕਉ ਮਇਆ ਭਈ ਕਰਤਾਰ॥੧॥		Jaa Ko Maeiaa Bhee Karathaar ||1||	He is blessed with the Grace of the Creator Lord. ||1||	ਜਿਸ ਮਨੁੱਖ ਉੱਤੇ ਕਰਤਾਰ ਦੀ ਮੇਹਰ ਹੁੰਦੀ ਹੈ ॥੧॥
37924	888	ਜਿਸਹਿ ਸਹਾਈ ਹੋਇ ਭਗਵਾਨ॥		Jisehi Sehaaee Hoe Bhagavaan ||	One who has the Lord God as his help and support	ਹੇ ਭਾਈ! ਜਿਸ ਮਨੁੱਖ ਦਾ ਮਦਦਗਾਰ ਪਰਮਾਤਮਾ (ਆਪ) ਬਣਦਾ ਹੈ,

37925	888	ਅਨਿਕ ਜਤਨ ਉਆ ਕੈ ਸਰੰਜਾਮ॥੧॥ਰਹਾਉ ॥		Anik Jathan Ouaa Kai Saranjaam ||1|| Rehaao ||	- all his efforts are fulfilled. ||1||Pause||	ਉਸ ਦੇ ਘਰ ਵਿਚ (ਉਸ ਦੇ) ਅਨੇਕਾਂ ਉੱਦਮ ਸਫਲ ਹੋ ਜਾਂਦੇ ਹਨ ॥੧॥ ਰਹਾਉ ॥
37926	888	ਕਰਤਾ ਰਾਖੈ ਕੀਤਾ ਕਉਨੁ॥		Karathaa Raakhai Keethaa Koun ||	He is protected by the Creator Lord; what harm can anyone do to him?	ਹੇ ਭਾਈ! ਕਰਤਾਰ ਜਿਸ ਮਨੁੱਖ ਦੀ ਰੱਖਿਆ ਕਰਦਾ ਹੈ, ਉਸ ਦਾ ਪੈਦਾ ਕੀਤਾ ਹੋਇਆ ਜੀਵ ਉਸ ਮਨੁੱਖ ਦਾ ਕੁਝ ਭੀ ਨਹੀਂ ਵਿਗਾੜ ਸਕਦਾ।
37927	888	ਕੀਰੀ ਜੀਤੋ ਸਗਲਾ ਭਵਨੁ॥		Keeree Jeetho Sagalaa Bhavan ||	Even an ant can conquer the whole world.	(ਜੇ ਕਰਤਾਰ ਦੀ ਮੇਹਰ ਹੋਵੇ, ਤਾਂ) ਕੀੜੀ (ਭੀ) ਸਾਰੇ ਜਗਤ ਨੂੰ ਜਿੱਤ ਲੈਂਦੀ ਹੈ।
37928	888	ਬੇਅੰਤ ਮਹਿਮਾ ਤਾ ਕੀ ਕੇਤਕ ਬਰਨ॥		Baeanth Mehimaa Thaa Kee Kaethak Baran ||	His glory is endless; how can I describe it?	ਹੇ ਭਾਈ! ਉਸ ਕਰਤਾਰ ਦੀ ਬੇਅੰਤ ਵਡਿਆਈ ਹੈ। ਕਿਤਨੀ ਕੁ ਬਿਆਨ ਕੀਤੀ ਜਾਏ?
37929	888	ਬਲਿ ਬਲਿ ਜਾਈਐ ਤਾ ਕੇ ਚਰਨ॥੨॥		Bal Bal Jaaeeai Thaa Kae Charan ||2||	I am a sacrifice, a devoted sacrifice, to His feet. ||2||	ਉਸ ਦੇ ਚਰਨਾਂ ਤੋਂ ਸਦਾ ਸਦਕੇ ਜਾਣਾ ਚਾਹੀਦਾ ਹੈ ॥੨॥
37930	888	ਤਿਨ ਹੀ ਕੀਆ ਜਪੁ ਤਪੁ ਧਿਆਨੁ॥		Thin Hee Keeaa Jap Thap Dhhiaan ||	He alone performs worship, austerities and meditation;	ਹੇ ਭਾਈ! ਉਸੇ ਮਨੁੱਖ ਨੇ ਜਪ ਕੀਤਾ ਸਮਝੋ, ਉਸੇ ਮਨੁੱਖ ਨੇ ਤਪ ਸਾਧਿਆ ਜਾਣੋ, ਉਸੇ ਮਨੁੱਖ ਨੇ ਸਮਾਧੀ ਲਾਈ ਸਮਝੋ,

37931	888	ਅਨਿਕ ਪ੍ਰਕਾਰ ਕੀਆ ਤਿਨਿ ਦਾਨੁ॥		Anik Prakaar Keeaa Thin Dhaan ||	He alone is a giver to various charities;	ਉਸੇ ਮਨੁੱਖ ਨੇ ਹੀ ਅਨੇਕਾਂ ਕਿਸਮਾਂ ਦਾ ਦਾਨ ਦਿੱਤਾ ਜਾਣੋ (ਉਹੀ ਅਸਲ ਜਪੀ ਹੈ ਉਹੀ ਅਸਲ ਤਪੀ ਹੈ, ਉਹੀ ਅਸਲ ਜੋਗੀ ਹੈ, ਉਹੀ ਅਸਲ ਦਾਨੀ ਹੈ),
37932	888	ਭਗਤੁ ਸੋਈ ਕਲਿ ਮਹਿ ਪਰਵਾਨੁ॥		Bhagath Soee Kal Mehi Paravaan ||	He alone is approved in this Dark Age of Kali Yuga,	ਉਹੀ ਅਸਲ ਭਗਤ ਹੈ, ਉਹੀ ਜਗਤ ਵਿਚ ਮੰਨਿਆ-ਪ੍ਰਮੰਨਿਆ ਜਾਂਦਾ ਹੈ,
37933	888	ਜਾ ਕਉ ਠਾਕੁਰਿ ਦੀਆ ਮਾਨੁ॥੩॥		Jaa Ko Thaakur Dheeaa Maan ||3||	Whom the Lord Master blesses with honor. ||3||	ਜਿਸ ਮਨੁੱਖ ਨੂੰ ਮਾਲਕ-ਪ੍ਰਭੂ ਨੇ ਆਦਰ ਬਖ਼ਸ਼ਿਆ ॥੩॥
37934	888	ਸਾਧਸੰਗਿ ਮਿਲਿ ਭਏ ਪ੍ਰਗਾਸ॥		Saadhhasang Mil Bheae Pragaas ||	Joining the Saadh Sangat, the Company of the Holy, I am enlightened.	ਗੁਰੂ ਦੀ ਸੰਗਤਿ ਵਿਚ ਮਿਲ ਕੇ ਉਹਨਾਂ ਮਨੁੱਖਾਂ ਦੇ ਅੰਦਰ ਆਤਮਕ ਜੀਵਨ ਦਾ ਚਾਨਣ ਹੋ ਜਾਂਦਾ ਹੈ,
37935	888	ਸਹਜ ਸੂਖ ਆਸ ਨਿਵਾਸ ॥		Sehaj Sookh Aas Nivaas ||	I have found celestial peace, and my hopes are fulfilled.	(ਜਿਨ੍ਹਾਂ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ) ਪਰਮਾਤਮਾ ਆਤਮਕ ਅਡੋਲਤਾ ਅਤੇ ਸੁਖਾਂ ਦਾ ਸੋਮਾ ਹੈ, ਪਰਮਾਤਮਾ ਹੀ ਸਭ ਦੀਆਂ ਆਸਾਂ ਪੂਰੀਆਂ ਕਰਨ ਵਾਲਾ ਹੈ।
37936	888	ਪੂਰੈ ਸਤਿਗੁਰਿ ਦੀਆ ਬਿਸਾਸ॥		Poorai Sathigur Dheeaa Bisaas ||	The Perfect True Guru has blessed me with faith.	ਪੂਰੇ ਗੁਰੂ ਨੇ ਜਿਨ੍ਹਾਂ ਮਨੁੱਖਾਂ ਨੂੰ ਇਹ ਨਿਸ਼ਚਾ ਕਰਾ ਦਿੱਤਾ ਕਿ

37937	888	ਨਾਨਕ ਹੋਏ ਦਾਸਨਿ ਦਾਸ॥੪॥੭॥੧੮॥		Naanak Hoeae Dhaasan Dhaas ||4||7||18||	Nanak is the slave of His slaves. ||4||7||18||	ਹੇ ਨਾਨਕ! ਉਹ ਮਨੁੱਖ ਪ੍ਰਭੂ ਦੇ ਦਾਸਾਂ ਦੇ ਦਾਸ ਬਣੇ ਰਹਿੰਦੇ ਹਨ ॥੪॥੭॥੧੮॥
37938	888	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
37939	888	ਦੋਸੁ ਨ ਦੀਜੈ ਕਾਹੂ ਲੋਗ॥		Dhos N Dheejai Kaahoo Log ||	Don't blame others, O people;	(ਹੇ ਭਾਈ! ਸੰਤ ਜਨਾਂ ਨੇ ਇਉਂ ਸਮਝਿਆ ਹੈ ਕਿ ਆਪਣੀ ਕਿਸੇ ਔਖਿਆਈ ਬਾਰੇ) ਕਿਸੇ ਹੋਰ ਪ੍ਰਾਣੀਆਂ ਨੂੰ ਦੋਸ ਨਹੀਂ ਦੇਣਾ ਚਾਹੀਦਾ।
37940	888	ਜੋ ਕਮਾਵਨੁ ਸੋਈ ਭੋਗ॥		Jo Kamaavan Soee Bhog ||	As you plant, so shall you harvest.	ਮਨੁੱਖ ਜੋ ਕਰਮ ਕਮਾਂਦਾ ਹੈ, ਉਸੇ ਦਾ ਹੀ ਫਲ ਭੋਗਦਾ ਹੈ।
37941	888	ਆਪਨ ਕਰਮ ਆਪੇ ਹੀ ਬੰਧ॥		Aapan Karam Aapae Hee Bandhh ||	By your actions, you have bound yourself.	ਆਪਣੇ ਕੀਤੇ ਕਰਮਾਂ (ਦੇ ਸੰਸਕਾਰਾਂ) ਅਨੁਸਾਰ ਮਨੁੱਖ ਆਪ ਹੀ (ਮਾਇਆ ਦੇ) ਬੰਧਨਾਂ ਵਿਚ (ਜਕੜਿਆ ਰਹਿੰਦਾ ਹੈ),
37942	888	ਆਵਨੁ ਜਾਵਨੁ ਮਾਇਆ ਧੰਧ ॥੧॥		Aavan Jaavan Maaeiaa Dhhandhh ||1||	You come and go, entangled in Maya. ||1||	ਮਾਇਆ ਦੇ ਧੰਧਿਆਂ ਦੇ ਕਾਰਨ ਜਨਮ ਮਰਨ ਦਾ ਗੇੜ ਬਣਿਆ ਰਹਿੰਦਾ ਹੈ ॥੧॥
37943	888	ਐਸੀ ਜਾਨੀ ਸੰਤ ਜਨੀ॥		Aisee Jaanee Santh Janee ||	Such is the understanding of the Saintly people.	ਹੇ ਭਾਈ! ਸੰਤ ਜਨਾਂ ਨੇ (ਹੀ ਇਸ ਜੀਵਨ-ਜੁਗਤਿ ਨੂੰ) ਸਮਝਿਆ ਹੈ।

37944	888	ਪਰਗਾਸੁ ਭਇਆ ਪੂਰੇ ਗੁਰ ਬਚਨੀ॥੧॥ਰਹਾਉ॥		Paragaas Bhaeiaa Poorae Gur Bachanee ||1|| Rehaao ||	You shall be enlightened, through the Word of the Perfect Guru. ||1||Pause||	ਪੂਰੇ ਗੁਰੂ ਦੇ ਬਚਨਾਂ ਉੱਤੇ ਤੁਰ ਕੇ (ਉਨ੍ਹਾਂ ਦੇ ਅੰਦਰ ਆਤਮਕ ਜੀਵਨ ਦਾ) ਚਾਨਣ ਹੋ ਗਿਆ ਹੈ ॥੧॥ ਰਹਾਉ ॥
37945	888	ਤਨੁ ਧਨੁ ਕਲਤੁ ਮਿਥਿਆ ਬਿਸਥਾਰ॥	ਕ-ਲੱਤੁ	Than Dhhan Kalath Mithhiaa Bisathhaar ||	Body, wealth, spouse and ostentatious displays are false.	ਹੇ ਭਾਈ! ਸਰੀਰ, ਧਨ, ਵਹੁਟੀ-(ਮੋਹ ਦੇ ਇਹ ਸਾਰੇ) ਖਿਲਾਰੇ ਨਾਸਵੰਤ ਹਨ।
37946	888	ਹੈਵਰ ਗੈਵਰ ਚਾਲਨਹਾਰ॥		Haivar Gaivar Chaalanehaar ||	Horses and elephants will pass away.	ਵਧੀਆ ਘੋੜੇ, ਵਧੀਆ ਹਾਥੀ-ਇਹ ਭੀ ਨਾਸਵੰਤ ਹਨ।
37947	888	ਰਾਜ ਰੰਗ ਰੂਪ ਸਭਿ ਕੂਰ॥		Raaj Rang Roop Sabh Koor ||	Power, pleasures and beauty are all false.	ਦੁਨੀਆ ਦੀਆਂ ਬਾਦਸ਼ਾਹੀਆਂ, ਰੰਗ-ਤਮਾਸ਼ੇ ਅਤੇ ਸੁੰਦਰ ਨੁਹਾਰਾਂ-ਇਹ ਭੀ ਸਾਰੇ ਕੂੜੇ ਪਸਾਰੇ ਹਨ।
37948	888	ਨਾਮ ਬਿਨਾ ਹੋਇ ਜਾਸੀ ਧੂਰ॥੨॥		Naam Binaa Hoe Jaasee Dhhoor ||2||	Without the Naam, the Name of the Lord, everything is reduced to dust. ||2||	ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਬਿਨਾ ਹਰੇਕ ਸ਼ੈ ਮਿੱਟੀ ਹੋ ਜਾਇਗੀ ॥੨॥
37949	888	ਭਰਮਿ ਭੂਲੇ ਬਾਦਿ ਅਹੰਕਾਰੀ॥		Bharam Bhoolae Baadh Ahankaaree ||	The egotistical people are deluded by useless doubt.	ਹੇ ਭਾਈ! ਜਿਨ੍ਹਾਂ ਪਦਾਰਥਾਂ ਦੀ ਖ਼ਾਤਰ ਮਨੁੱਖ ਭਟਕਣਾ ਵਿਚ ਪੈ ਕੇ ਜੀਵਨ ਦੇ ਗ਼ਲਤ ਰਸਤੇ ਪੈ ਜਾਂਦੇ ਹਨ ਅਤੇ ਵਿਅਰਥ ਮਾਣ ਕਰਦੇ ਹਨ,

37950	888	ਸੰਗਿ ਨਾਹੀ ਰੇ ਸਗਲ ਪਸਾਰੀ॥		Sang Naahee Rae Sagal Pasaaree ||	Of all this expanse, nothing shall go along with you.	ਉਹ ਸਾਰੇ ਖਿਲਾਰੇ ਕਿਸੇ ਦੇ ਨਾਲ ਨਹੀਂ ਜਾ ਸਕਦੇ।
37951	888	ਸੋਗ ਹਰਖ ਮਹਿ ਦੇਹ ਬਿਰਧਾਨੀ॥		Sog Harakh Mehi Dhaeh Biradhhaanee ||	Through pleasure and pain, the body is growing old.	ਕਦੇ ਖ਼ੁਸ਼ੀ ਵਿਚ, ਗ਼ਮੀ ਵਿਚ, (ਇਉਂ ਹੀ) ਸਰੀਰ ਬੁੱਢਾ ਹੋ ਜਾਂਦਾ ਹੈ।
37952	888	ਸਾਕਤ ਇਵ ਹੀ ਕਰਤ ਬਿਹਾਨੀ॥੩॥		Saakath Eiv Hee Karath Bihaanee ||3||	Doing these things, the faithless cynics are passing their lives. ||3||	ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਦੀ ਉਮਰ ਇਸੇ ਤਰ੍ਹਾਂ ਹੀ ਬੀਤ ਜਾਂਦੀ ਹੈ ॥੩॥
37953	888	ਹਰਿ ਕਾ ਨਾਮੁ ਅੰਮ੍ਰਿਤੁ ਕਲਿ ਮਾਹਿ॥		Har Kaa Naam Anmrith Kal Maahi ||	The Name of the Lord is Ambrosial Nectar in this Dark Age of Kali Yuga.	ਹੇ ਭਾਈ! ਜਗਤ ਵਿਚ ਪਰਮਾਤਮਾ ਦਾ ਨਾਮ ਹੀ ਆਤਮਕ ਜੀਵਨ ਦੇਣ ਵਾਲਾ (ਪਦਾਰਥ) ਹੈ।
37954	888	ਏਹੁ ਨਿਧਾਨਾ ਸਾਧੂ ਪਾਹਿ॥		Eaehu Nidhhaanaa Saadhhoo Paahi ||	This treasure is obtained from the Holy.	ਇਹ ਖ਼ਜ਼ਾਨਾ ਗੁਰੂ ਦੇ ਪਾਸ ਹੈ।
37955	888	ਨਾਨਕ ਗੁਰੁ ਗੋਵਿਦੁ ਜਿਸੁ ਤੂਠਾ॥		Naanak Gur Govidh Jis Thoothaa ||	O Nanak, whoever pleases the Guru,	ਹੇ ਨਾਨਕ! ਜਿਸ ਮਨੁੱਖ ਉੱਤੇ ਗੁਰੂ ਪ੍ਰਸੰਨ ਹੁੰਦਾ ਹੈ, ਪਰਮਾਤਮਾ ਪ੍ਰਸੰਨ ਹੁੰਦਾ ਹੈ,

37956	888	ਘਟਿ ਘਟਿ ਰਮਈਆ ਤਿਨ ਹੀ ਡੀਠਾ॥੪॥੮॥੧੯॥	ਰ-ਮਈਆ	Ghatt Ghatt Rameeaa Thin Hee Ddeethaa ||4||8||19||	The Lord of the Universe, beholds the Lord in each and every heart. ||4||8||19||	ਉਸੇ ਮਨੁੱਖ ਨੇ ਸੋਹਣੇ ਪ੍ਰਭੂ ਨੂੰ ਹਰੇਕ ਸਰੀਰ ਵਿਚ ਵੇਖਿਆ ਹੈ ॥੪॥੮॥੧੯॥
37957	888	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
37958	888	ਪੰਚ ਸਬਦ ਤਹ ਪੂਰਨ ਨਾਦ॥		Panch Sabadh Theh Pooran Naadh ||	The Panch Shabad, the five primal sounds, echo the perfect sound current of the Naad.	ਹੇ ਭਾਈ! ਉਸ ਆਤਮਕ ਅਵਸਥਾ ਵਿਚ (ਇਉਂ ਪ੍ਰਤੀਤ ਹੁੰਦਾ ਹੈ ਜਿਵੇਂ) ਪੰਜ ਕਿਸਮਾਂ ਦੇ ਸਾਜ਼ਾਂ ਦੀ ਘਨਘੋਰ ਆਵਾਜ਼ ਹੋ ਰਹੀ ਹੈ,
37959	888	ਅਨਹਦ ਬਾਜੇ ਅਚਰਜ ਬਿਸਮਾਦ॥	ਅ-ਚਰਜ	Anehadh Baajae Acharaj Bisamaadh ||	The wondrous, amazing unstruck melody vibrates.	(ਜਿਵੇਂ ਮਨੁੱਖ ਦੇ ਅੰਦਰ) ਇੱਕ-ਰਸ ਵਾਜੇ ਵੱਜ ਰਹੇ ਹਨ। ਉਹ ਅਵਸਥਾ ਅਚਰਜ ਤੇ ਹੈਰਾਨੀ ਪੈਦਾ ਕਰਨ ਵਾਲੀ ਹੁੰਦੀ ਹੈ।
37960	888	ਕੇਲ ਕਰਹਿ ਸੰਤ ਹਰਿ ਲੋਗ॥		Kael Karehi Santh Har Log ||	The Saintly people play there with the Lord.	(ਹੇ ਭਾਈ! ਸਾਧ ਸੰਗਤਿ ਦੀ ਬਰਕਤਿ ਨਾਲ) ਪ੍ਰਭੂ ਦੇ ਸੰਤ-ਜਨ (ਉਸ ਅਵਸਥਾ ਵਿਚ ਪਹੁੰਚ ਕੇ) ਆਤਮਕ ਆਨੰਦ ਮਾਣਦੇ ਰਹਿੰਦੇ ਹਨ,
37961	888	ਪਾਰਬ੍ਰਹਮ ਪੂਰਨ ਨਿਰਜੋਗ॥੧॥		Paarabreham Pooran Nirajog ||1||	They remain totally detached, absorbed in the Supreme Lord God. ||1||	(ਉਸ ਪ੍ਰਭੂ ਨਾਲ ਜੁੜੇ ਰਹਿੰਦੇ ਹਨ ਜੋ) ਨਿਰਲੇਪ ਤੇ ਸਰਬ-ਵਿਆਪਕ ਹੈ ॥੧॥

37962	888	ਸੂਖ ਸਹਜ ਆਨੰਦ ਭਵਨ॥		Sookh Sehaj Aanandh Bhavan ||	It is the realm of celestial peace and bliss.	ਹੇ ਭਾਈ! ਉਹ ਮਨੁੱਖ ਆਤਮਕ ਅਡੋਲਤਾ, ਆਤਮਕ ਸੁਖ-ਆਨੰਦ ਦੀ ਅਵਸਥਾ ਹਾਸਲ ਕਰ ਲੈਂਦੇ ਹਨ,
37963	888	ਸਾਧਸੰਗਿ ਬੈਸਿ ਗੁਣ ਗਾਵਹਿ ਤਹ ਰੋਗ ਸੋਗ ਨਹੀ ਜਨਮ ਮਰਨ॥੧॥ਰਹਾਉ॥		Saadhhasang Bais Gun Gaavehi Theh Rog Sog Nehee Janam Maran ||1|| Rehaao ||	The Saadh Sangat, the Company of the Holy, sits and sings the Glorious Praises of the Lord. There is no disease or sorrow there, no birth or death. ||1||Pause||	ਜੇਹੜੇ ਗੁਰੂ ਦੀ ਸੰਗਤਿ ਵਿਚ ਬੈਠ ਕੇ (ਪਰਮਾਤਮਾ ਦੇ) ਗੁਣ ਗਾਂਦੇ ਰਹਿੰਦੇ ਹਨ। ਉਸ ਆਤਮਕ ਅਵਸਥਾ ਵਿਚ ਕੋਈ ਰੋਗ ਕੋਈ ਗ਼ਮ ਕੋਈ ਜਨਮ-ਮਰਨ ਦਾ ਗੇੜ ਨਹੀਂ ਵਿਆਪਦਾ ॥੧॥ ਰਹਾਉ ॥
37964	888	ਊਹਾ ਸਿਮਰਹਿ ਕੇਵਲ ਨਾਮੁ॥		Oohaa Simarehi Kaeval Naam ||	There, they meditate only on the Naam, the Name of the Lord.	ਹੇ ਭਾਈ! ਉਸ ਆਤਮਕ ਅਵਸਥਾ ਵਿਚ (ਪਹੁੰਚੇ ਹੋਏ ਸੰਤ-ਜਨ) ਸਿਰਫ਼ (ਹਰਿ-) ਨਾਮ ਸਿਮਰਦੇ ਰਹਿੰਦੇ ਹਨ।
37965	888	ਬਿਰਲੇ ਪਾਵਹਿ ਓਹੁ ਬਿਸ੍ਰਾਮੁ॥		Biralae Paavehi Ouhu Bisraam ||	How rare are those who find this place of rest.	ਪਰ ਉਹ ਉੱਚੀ ਆਤਮਕ ਅਵਸਥਾ ਵਿਰਲੇ ਮਨੁੱਖਾਂ ਨੂੰ ਹਾਸਲ ਹੁੰਦੀ ਹੈ।
37966	888	ਭੋਜਨੁ ਭਾਉ ਕੀਰਤਨ ਆਧਾਰੁ॥		Bhojan Bhaao Keerathan Aadhhaar ||	The love of God is their food, and the Kirtan of the Lord's Praise is their support.	ਹੇ ਭਾਈ! ਉਸ ਅਵਸਥਾ ਵਿਚ ਪ੍ਰਭੂ-ਪ੍ਰੇਮ ਹੀ ਮਨੁੱਖ ਦੀ ਆਤਮਕ ਖ਼ੁਰਾਕ ਹੋ ਜਾਂਦੀ ਹੈ, ਆਤਮਕ ਜੀਵਨ ਵਾਸਤੇ ਮਨੁੱਖ ਨੂੰ ਸਿਫ਼ਤਿ-ਸਾਲਾਹ ਦਾ ਹੀ ਸਹਾਰਾ ਹੁੰਦਾ ਹੈ।

37967	889	ਨਿਹਚਲ ਆਸਨੁ ਬੇਸੁਮਾਰੁ॥੨॥		Nihachal Aasan Baesumaar ||2||	They obtain a permanent seat in the infinite. ||2||	ਹੇ ਭਾਈ! ਉਸ ਆਤਮਕ ਅਵਸਥਾ ਦਾ ਆਸਣ (ਮਾਇਆ ਦੇ ਅੱਗੇ) ਕਦੇ ਡੋਲਦਾ ਨਹੀਂ। ਉਹ ਅਵਸਥਾ ਕੈਸੀ ਹੈ-ਇਸਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ ॥੨॥
37968	889	ਡਿਗੈ ਨ ਡੋਲੈ ਕਤਹੂ ਨ ਧਾਵੈ॥	ਡਿੱਗੈ	Ddig N Ddolai Kathehoo N Dhhaavai ||	No one falls there, or wavers, or goes anywhere.	ਹੇ ਭਾਈ! ਉਸ ਅਵਸਥਾ ਵਿਚ ਪਹੁੰਚਿਆ ਹੋਇਆ ਮਨੁੱਖ (ਮਾਇਆ ਦੇ ਮੋਹ ਵਿਚ) ਡਿੱਗ ਕੇ ਡੋਲਦਾ ਨਹੀਂ ਹੈ, (ਉਸ ਟਿਕਾਣੇ ਨੂੰ ਛੱਡ ਕੇ) ਕਿਸੇ ਹੋਰ ਪਾਸੇ ਨਹੀਂ ਭਟਕਦਾ।
37969	889	ਗੁਰ ਪ੍ਰਸਾਦਿ ਕੋ ਇਹੁ ਮਹਲੁ ਪਾਵੈ॥		Gur Prasaadh Ko Eihu Mehal Paavai ||	By Guru's Grace, some find this mansion.	ਪਰ ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਨਾਲ ਉਹ ਟਿਕਾਣਾ ਹਾਸਲ ਕਰਦਾ ਹੈ।
37970	889	ਭ੍ਰਮ ਭੈ ਮੋਹ ਨ ਮਾਇਆ ਜਾਲ॥		Bhram Bhai Moh N Maaeiaa Jaal ||	They are not touched by doubt, fear, attachment or the traps of Maya.	ਉਥੇ ਦੁਨੀਆ ਦੀਆਂ ਭਟਕਣਾਂ, ਦੁਨੀਆ ਦੇ ਡਰ, ਮਾਇਆ ਦਾ ਮੋਹ, ਮਾਇਆ ਦੇ ਜਾਲ-ਇਹ ਕੋਈ ਭੀ ਪੋਹ ਨਹੀਂ ਸਕਦੇ।
37971	889	ਸੁੰਨ ਸਮਾਧਿ ਪ੍ਰਭੂ ਕਿਰਪਾਲ॥੩॥		Sunn Samaadhh Prabhoo Kirapaal ||3||	They enter the deepest state of Samaadhi, through the kind mercy of God. ||3||	ਕਿਰਪਾ ਦੇ ਸੋਮੇ ਪ੍ਰਭੂ ਵਿਚ ਮਨੁੱਖ ਦੀ ਐਸੀ ਸੁਰਤ ਜੁੜਦੀ ਹੈ ਕਿ ਕੋਈ ਭੀ ਮਾਇਕ ਫੁਰਨਾ ਨੇੜੇ ਨਹੀਂ ਢੁਕਦਾ ॥੩॥

37972	889	ਤਾ ਕਾ ਅੰਤੁ ਨ ਪਾਰਾਵਾਰੁ ॥		Thaa Kaa Anth N Paaraavaar ||	He has no end or limitation.	ਹੇ ਭਾਈ! ਜਿਸ ਪਰਮਾਤਮਾ ਦਾ ਅੰਤ ਨਹੀਂ ਪਾਇਆ ਜਾ ਸਕਦਾ, ਜਿਸ ਦੇ ਸਰੂਪ ਦਾ ਪਾਰਲਾ ਉਰਲਾ ਬੰਨਾ ਨਹੀਂ ਦਿੱਸ ਸਕਦਾ,
37973	889	ਆਪੇ ਗੁਪਤੁ ਆਪੇ ਪਾਸਾਰੁ॥		Aapae Gupath Aapae Paasaar ||	He Himself is unmanifest, and He Himself is manifest.	ਉਹ ਪ੍ਰਭੂ ਇਸ ਜਗਤ-ਖਿਲਾਰੇ ਵਿਚ ਆਪ ਹੀ ਲੁਕਿਆ ਦਿੱਸਦਾ ਹੈ, ਇਹ ਜਗਤ-ਖਿਲਾਰਾ ਉਸ ਪ੍ਰਭੂ ਦਾ ਆਪਣਾ ਹੀ ਰੂਪ ਹੈ।
37974	889	ਜਾ ਕੈ ਅੰਤਰਿ ਹਰਿ ਹਰਿ ਸੁਆਦੁ॥		Jaa Kai Anthar Har Har Suaadh ||	One who enjoys the taste of the Lord, Har, Har, deep within himself,	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦੇ ਨਾਮ ਦਾ ਸੁਆਦ ਟਿਕ ਜਾਂਦਾ ਹੈ,
37975	889	ਕਹਨੁ ਨ ਜਾਈ ਨਾਨਕ ਬਿਸਮਾਦੁ ॥੪॥੯॥੨੦॥		Kehan N Jaaee Naanak Bisamaadh ||4||9||20||	O Nanak, his wondrous state cannot be described. ||4||9||20||	ਹੇ ਨਾਨਕ! ਹਰਿ-ਨਾਮ ਦਾ ਸੁਆਦ ਬਿਆਨ ਨਹੀਂ ਕੀਤਾ ਜਾ ਸਕਦਾ। ਉਹ ਸੁਆਦ ਅਸਚਰਜ ਹੀ ਹੁੰਦਾ ਹੈ ॥੪॥੯॥੨੦॥
37976	889	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
37977	889	ਭੇਟਤ ਸੰਗਿ ਪਾਰਬ੍ਰਹਮੁ ਚਿਤਿ ਆਇਆ॥		Bhaettath Sang Paarabreham Chith Aaeiaa ||	Meeting with the Sangat, the Congregation, the Supreme Lord God has come into my consciousness.	ਹੇ ਭਾਈ! ਸੰਤ ਜਨਾਂ ਨਾਲ ਮਿਲਦਿਆਂ ਪਰਮਾਤਮਾ (ਮੇਰੇ) ਚਿਤ ਵਿਚ ਆ ਵੱਸਿਆ ਹੈ,

37978	889	ਸੰਗਤਿ ਕਰਤ ਸੰਤੋਖੁ ਮਨਿ ਪਾਇਆ॥		Sangath Karath Santhokh Man Paaeiaa ||	In the Sangat, my mind has found contentment.	ਸੰਤ ਜਨਾਂ ਦੀ ਸੰਗਤਿ ਕਰਦਿਆਂ ਮੈਂ ਮਨ ਵਿਚ ਸੰਤੋਖ ਪ੍ਰਾਪਤ ਕਰ ਲਿਆ ਹੈ।
37979	889	ਸੰਤਹ ਚਰਨ ਮਾਥਾ ਮੇਰੋ ਪਉਤ॥		Santheh Charan Maathhaa Maero Pouth ||	I touch my forehead to the feet of the Saints.	(ਪ੍ਰਭੂ ਮੇਹਰ ਕਰੇ) ਮੇਰਾ ਮੱਥਾ ਸੰਤ ਜਨਾਂ ਦੇ ਚਰਨਾਂ ਤੇ ਪਿਆ ਰਹੇ,
37980	889	ਅਨਿਕ ਬਾਰ ਸੰਤਹ ਡੰਡਉਤ॥੧॥		Anik Baar Santheh Ddanddouth ||1||	Countless times, I humbly bow to the Saints. ||1||	ਮੈਂ ਅਨੇਕਾਂ ਵਾਰੀ ਸੰਤ ਜਨਾਂ ਨੂੰ ਨਮਸਕਾਰ ਕਰਦਾ ਹਾਂ ॥੧॥
37981	889	ਇਹੁ ਮਨੁ ਸੰਤਨ ਕੈ ਬਲਿਹਾਰੀ ॥		Eihu Man Santhan Kai Balihaaree ||	This mind is a sacrifice to the Saints;	ਹੇ ਭਾਈ! ਮੇਰਾ ਇਹ ਮਨ ਸੰਤ-ਜਨਾਂ ਤੋਂ ਸਦਕੇ ਜਾਂਦਾ ਹੈ,
37982	889	ਜਾ ਕੀ ਓਟ ਗਹੀ ਸੁਖੁ ਪਾਇਆ ਰਾਖੇ ਕਿਰਪਾ ਧਾਰੀ॥੧॥ਰਹਾਉ॥		Jaa Kee Outt Gehee Sukh Paaeiaa Raakhae Kirapaa Dhhaaree ||1|| Rehaao ||	Holding tight to their support, I have found peace, and in their mercy, they have protected me. ||1||Pause||	ਜਿਨ੍ਹਾਂ ਦਾ ਆਸਰਾ ਲੈ ਕੇ ਮੈਂ (ਆਤਮਕ) ਆਨੰਦ ਹਾਸਲ ਕੀਤਾ ਹੈ। ਸੰਤ ਜਨ ਕਿਰਪਾ ਕਰ ਕੇ (ਵਿਕਾਰ ਆਦਿਕਾਂ ਤੋਂ) ਰੱਖਿਆ ਕਰਦੇ ਹਨ ॥੧॥ ਰਹਾਉ ॥
37983	889	ਸੰਤਹ ਚਰਣ ਧੋਇ ਧੋਇ ਪੀਵਾ॥		Santheh Charan Dhhoe Dhhoe Peevaa ||	I wash the feet of the Saints, and drink in that water.	ਹੇ ਭਾਈ! (ਜੇ ਪ੍ਰਭੂ ਕਿਰਪਾ ਕਰੇ, ਤਾਂ) ਮੈਂ ਸੰਤ ਜਨਾਂ ਦੇ ਚਰਨ ਧੋ ਧੋ ਕੇ ਪੀਂਦਾ ਰਹਾਂ,
37984	889	ਸੰਤਹ ਦਰਸੁ ਪੇਖਿ ਪੇਖਿ ਜੀਵਾ॥		Santheh Dharas Paekh Paekh Jeevaa ||	Gazing upon the Blessed Vision of the Saints' Darshan, I live.	ਸੰਤ ਜਨਾਂ ਦਾ ਦਰਸਨ ਕਰ ਕਰ ਕੇ ਮੈਨੂੰ ਆਤਮਕ ਜੀਵਨ ਮਿਲਦਾ ਰਹਿੰਦਾ ਹੈ।

37985	889	ਸੰਤਹ ਕੀ ਮੇਰੈ ਮਨਿ ਆਸ॥		Santheh Kee Maerai Man Aas ||	My mind rests its hopes in the Saints.	ਮੇਰੇ ਮਨ ਵਿਚ ਸੰਤ ਜਨਾਂ ਦੀ ਸਹਾਇਤਾ ਦਾ ਧਰਵਾਸ ਬਣਿਆ ਰਹਿੰਦਾ ਹੈ,
37986	889	ਸੰਤ ਹਮਾਰੀ ਨਿਰਮਲ ਰਾਸਿ॥੨॥		Santh Hamaaree Niramal Raas ||2||	The Saints are my immaculate wealth. ||2||	ਸੰਤ ਜਨਾਂ ਦੀ ਸੰਗਤਿ ਹੀ ਮੇਰੇ ਵਾਸਤੇ ਪਵਿੱਤ੍ਰ ਸਰਮਾਇਆ ਹੈ ॥੨॥
37987	889	ਸੰਤ ਹਮਾਰਾ ਰਾਖਿਆ ਪੜਦਾ॥		Santh Hamaaraa Raakhiaa Parradhaa ||	The Saints have covered my faults.	ਹੇ ਭਾਈ! ਸੰਤ ਜਨਾਂ ਨੇ (ਵਿਕਾਰ ਆਦਿਕਾਂ ਤੋਂ) ਮੇਰੀ ਇੱਜ਼ਤ ਬਚਾ ਲਈ ਹੈ,
37988	889	ਸੰਤ ਪ੍ਰਸਾਦਿ ਮੋਹਿ ਕਬਹੂ ਨ ਕੜਦਾ॥	ਕੜਦਾ:ਪੋਲਾ ਬੋਲੋ।ਕੜਦਾ:ਦੇ ੜਾੜੇ ਪੈਰ ਹਲੰਤ ਨਹੀਂ ਲਾਉਣਾ	Santh Prasaadh Mohi Kabehoo N Karradhaa ||	By the Grace of the Saints, I am no longer tormented.	ਸੰਤ ਜਨਾਂ ਦੀ ਕਿਰਪਾ ਨਾਲ ਮੈਨੂੰ ਕਦੇ ਭੀ ਕੋਈ ਚਿੰਤਾ-ਫ਼ਿਕਰ ਨਹੀਂ ਵਿਆਪਦਾ।
37989	889	ਸੰਤਹ ਸੰਗੁ ਦੀਆ ਕਿਰਪਾਲ॥		Santheh Sang Dheeaa Kirapaal ||	The Merciful Lord has blessed me with the Saints' Congregation.	ਕਿਰਪਾ ਦੇ ਸੋਮੇ ਪਰਮਾਤਮਾ ਨੇ ਆਪ ਹੀ ਮੈਨੂੰ ਸੰਤ ਜਨਾਂ ਦਾ ਸਾਥ ਬਖ਼ਸ਼ਿਆ ਹੈ।
37990	889	ਸੰਤ ਸਹਾਈ ਭਏ ਦਇਆਲ॥੩॥	ਦ-ਇਆਲ	Santh Sehaaee Bheae Dhaeiaal ||3||	The Compassionate Saints have become my help and support. ||3||	ਜਦੋਂ ਸੰਤ ਜਨ ਮਦਦਗਾਰ ਬਣਦੇ ਹਨ, ਤਾਂ ਪ੍ਰਭੂ ਦਇਆਵਾਨ ਹੋ ਜਾਂਦਾ ਹੈ ॥੩॥
37991	889	ਸੁਰਤਿ ਮਤਿ ਬੁਧਿ ਪਰਗਾਸੁ॥		Surath Math Budhh Paragaas ||	My consciousness, intellect and wisdom have been enlightened.	(ਹੇ ਭਾਈ! ਸੰਤ ਜਨਾਂ ਦੀ ਸੰਗਤਿ ਦੀ ਬਰਕਤਿ ਨਾਲ ਮੇਰੀ) ਸੁਰਤ ਵਿਚ ਮਤਿ ਵਿਚ ਬੁੱਧਿ ਵਿਚ (ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ।

37992	889	ਗਹਿਰ ਗੰਭੀਰ ਅਪਾਰ ਗੁਣਤਾਸੁ॥		Gehir Ganbheer Apaar Gunathaas ||	The Lord is profound, unfathomable, infinite, the treasure of virtue.	ਅਥਾਹ, ਬੇਅੰਤ, ਗੁਣਾਂ ਦਾ ਖ਼ਜ਼ਾਨਾ,
37993	889	ਜੀਅ ਜੰਤ ਸਗਲੇ ਪ੍ਰਤਿਪਾਲ॥		Jeea Janth Sagalae Prathipaal ||	He cherishes all beings and creatures.	ਅਤੇ ਸਾਰੇ ਜੀਵਾਂ ਦੀ ਪਾਲਣਾ ਕਰਨ ਵਾਲਾ ਪਰਮਾਤਮਾ-
37994	889	ਨਾਨਕ ਸੰਤਹ ਦੇਖਿ ਨਿਹਾਲ॥੪॥੧੦॥੨੧॥		Naanak Santheh Dhaekh Nihaal ||4||10||21||	Nanak is enraptured, seeing the Saints. ||4||10||21||	ਹੇ ਨਾਨਕ! (ਆਪਣੇ) ਸੰਤ ਜਨਾਂ ਨੂੰ ਵੇਖ ਕੇ ਖ਼ੁਸ਼ ਹੋ ਜਾਂਦਾ ਹੈ ॥੪॥੧੦॥੨੧॥
37995	889	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
37996	889	ਤੇਰੈ ਕਾਜਿ ਨ ਗ੍ਰਿਹੁ ਰਾਜੁ ਮਾਲੁ॥		Thaerai Kaaj N Grihu Raaj Maal ||	Your home, power and wealth will be of no use to you.	ਹੇ ਮਿੱਤਰ! ਇਹ ਘਰ, ਇਹ ਹਕੂਮਤ, ਇਹ ਧਨ (ਇਹਨਾਂ ਵਿਚੋਂ ਕੋਈ ਭੀ) ਤੇਰੇ (ਆਤਮਕ ਜੀਵਨ ਦੇ) ਕੰਮ ਨਹੀਂ ਆ ਸਕਦਾ।
37997	889	ਤੇਰੈ ਕਾਜਿ ਨ ਬਿਖੈ ਜੰਜਾਲੁ॥		Thaerai Kaaj N Bikhai Janjaal ||	Your corrupt worldly entanglements will be of no use to you.	ਮਾਇਕ ਪਦਾਰਥਾਂ ਦਾ ਝੰਬੇਲਾ ਭੀ ਤੈਨੂੰ ਆਤਮਕ ਜੀਵਨ ਵਿਚ ਲਾਭ ਨਹੀਂ ਦੇ ਸਕਦਾ।
37998	889	ਇਸਟ ਮੀਤ ਜਾਣੁ ਸਭ ਛਲੈ॥	ਛਲੈ:ਪੋਲਾ ਬੋਲੋ	Eisatt Meeth Jaan Sabh Shhalai ||	Know that all your dear friends are fake.	ਚੇਤਾ ਰੱਖ ਕਿ ਇਹ ਸਾਰੇ ਪਿਆਰੇ ਮਿੱਤਰ (ਤੇਰੇ ਵਾਸਤੇ) ਛਲ-ਰੂਪ ਹੀ ਹਨ।

37999	889	ਹਰਿ ਹਰਿ ਨਾਮੁ ਸੰਗਿ ਤੇਰੈ ਚਲੈ॥੧॥	ਚੱਲੈ	Har Har Naam Sang Thaerai Chalai ||1||	Only the Name of the Lord, Har, Har, will go along with you. ||1||	ਸਿਰਫ਼ ਪਰਮਾਤਮਾ ਦਾ ਨਾਮ ਹੀ ਤੇਰੇ ਨਾਲ ਸਾਥ ਕਰ ਸਕਦਾ ਹੈ ॥੧॥
38000	889	ਰਾਮ ਨਾਮ ਗੁਣ ਗਾਇ ਲੇ ਮੀਤਾ ਹਰਿ ਸਿਮਰਤ ਤੇਰੀ ਲਾਜ ਰਹੈ॥		Raam Naam Gun Gaae Lae Meethaa Har Simarath Thaeree Laaj Rehai ||	Sing the Glorious Praises of the Lord's Name, O friend; remembering the Lord in meditation, your honor shall be saved.	ਹੇ ਮਿੱਤਰ! ਪਰਮਾਤਮਾ ਦੇ ਨਾਮ ਦੇ ਗੁਣ (ਇਸ ਵੇਲੇ) ਗਾ ਲੈ। ਪਰਮਾਤਮਾ ਦਾ ਨਾਮ ਸਿਮਰਿਆਂ ਹੀ (ਲੋਕ ਪਰਲੋਕ ਵਿਚ) ਤੇਰੀ ਇੱਜ਼ਤ ਰਹਿ ਸਕਦੀ ਹੈ।
38001	889	ਹਰਿ ਸਿਮਰਤ ਜਮੁ ਕਛੁ ਨ ਕਹੈ॥੧॥ਰਹਾਉ॥		Har Simarath Jam Kashh N Kehai ||1|| Rehaao ||	Remembering the Lord in meditation, the Messenger of Death will not touch you. ||1||Pause||	ਪਰਮਾਤਮਾ ਦਾ ਨਾਮ ਸਿਮਰਿਆਂ ਜਮਰਾਜ ਭੀ ਕੁਝ ਨਹੀਂ ਆਖਦਾ ॥੧॥ ਰਹਾਉ ॥
38002	889	ਬਿਨੁ ਹਰਿ ਸਗਲ ਨਿਰਾਰਥ ਕਾਮ॥		Bin Har Sagal Niraarathh Kaam ||	Without the Lord, all pursuits are useless.	ਹੇ ਮਿੱਤਰ! ਪਰਮਾਤਮਾ ਦੇ ਨਾਮ ਤੋਂ ਬਿਨਾ ਸਾਰੇ ਹੀ ਕੰਮ ਵਿਅਰਥ (ਹੋ ਜਾਂਦੇ ਹਨ)।
38003	889	ਸੁਇਨਾ ਰੁਪਾ ਮਾਟੀ ਦਾਮ॥		Sueinaa Rupaa Maattee Dhaam ||	Gold, silver and wealth are just dust.	(ਜੇ ਪਰਮਾਤਮਾ ਦਾ ਨਾਮ ਨਹੀਂ ਸਿਮਰਦਾ, ਤਾਂ) ਸੋਨਾ, ਚਾਂਦੀ, ਰੁਪਇਆ-ਪੈਸੇ (ਤੇਰੇ ਵਾਸਤੇ) ਮਿੱਟੀ (-ਸਮਾਨ) ਹੈ।
38004	889	ਗੁਰ ਕਾ ਸਬਦੁ ਜਾਪਿ ਮਨ ਸੁਖਾ॥		Gur Kaa Sabadh Jaap Man Sukhaa ||	Chanting the Word of the Guru's Shabad, your mind shall be at peace.	ਹੇ ਮਿੱਤਰ! ਗੁਰੂ ਦਾ ਸ਼ਬਦ ਚੇਤੇ ਕਰਦਾ ਰਿਹਾ ਕਰ, ਤੇਰੇ ਮਨ ਨੂੰ ਆਨੰਦ ਮਿਲੇਗਾ;

38005	889	ਈਹਾ ਊਹਾ ਤੇਰੋ ਊਜਲ ਮੁਖਾ॥੨॥	ਊੱਜਲ	Eehaa Oohaa Thaero Oojal Mukhaa ||2||	Here and hereafter, your face shall be radiant and bright. ||2||	ਇਸ ਲੋਕ ਵਿਚ ਅਤੇ ਪਰਲੋਕ ਵਿਚ ਤੂੰ ਸੁਰਖ਼ਰੂ ਹੋਵੇਂਗਾ ॥੨॥
38006	889	ਕਰਿ ਕਰਿ ਥਾਕੇ ਵਡੇ ਵਡੇਰੇ॥		Kar Kar Thhaakae Vaddae Vaddaerae ||	Even the greatest of the great worked and worked until they were exhausted.	ਹੇ ਮਿੱਤਰ! ਤੈਥੋਂ ਪਹਿਲਾਂ ਹੋ ਚੁਕੇ ਸਭ ਬੰਦੇ ਮਾਇਆ ਦੇ ਧੰਧੇ ਕਰ ਕਰ ਕੇ ਥੱਕਦੇ ਰਹੇ,
38007	889	ਕਿਨ ਹੀ ਨ ਕੀਏ ਕਾਜ ਮਾਇਆ ਪੂਰੇ॥		Kin Hee N Keeeae Kaaj Maaeiaa Poorae ||	None of them ever accomplished the tasks of Maya.	ਕਿਸੇ ਨੇ ਭੀ ਇਹ ਧੰਧੇ ਸਿਰੇ ਨਾਹ ਚਾੜ੍ਹੇ (ਕਿਸੇ ਦੀ ਭੀ ਤ੍ਰਿਸ਼ਨਾ ਨਾਹ ਮੁੱਕੀ)।
38008	889	ਹਰਿ ਹਰਿ ਨਾਮੁ ਜਪੈ ਜਨੁ ਕੋਇ॥		Har Har Naam Japai Jan Koe ||	Any humble being who chants the Name of the Lord, Har, Har,	ਜੇਹੜਾ ਕੋਈ ਵਿਰਲਾ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਹੈ,
38009	889	ਤਾ ਕੀ ਆਸਾ ਪੂਰਨ ਹੋਇ॥੩॥		Thaa Kee Aasaa Pooran Hoe ||3||	Will have all his hopes fulfilled. ||3||	ਉਸ ਦੀ ਆਸ ਪੂਰੀ ਹੋ ਜਾਂਦੀ ਹੈ (ਉਸ ਦੀ ਤ੍ਰਿਸ਼ਨਾ ਮੁੱਕ ਜਾਂਦੀ ਹੈ) ॥੩॥
38010	889	ਹਰਿ ਭਗਤਨ ਕੋ ਨਾਮੁ ਅਧਾਰੁ॥		Har Bhagathan Ko Naam Adhhaar ||	The Naam, the Name of the Lord, is the anchor and support of the Lord's devotees.	ਹੇ ਮਿੱਤਰ! ਪਰਮਾਤਮਾ ਦੇ ਭਗਤਾਂ ਵਾਸਤੇ ਪਰਮਾਤਮਾ ਦਾ ਨਾਮ ਹੀ ਜੀਵਨ ਦਾ ਆਸਰਾ ਹੁੰਦਾ ਹੈ,
38011	889	ਸੰਤੀ ਜੀਤਾ ਜਨਮੁ ਅਪਾਰੁ॥	ਸੰਤੀਂ	Santhee Jeethaa Janam Apaar ||	The Saints are victorious in this priceless human life.	ਤਾਹੀਏਂ ਸੰਤ ਜਨਾਂ ਨੇ ਹੀ ਅਮੋਲਕ ਮਨੁੱਖਾ ਜੀਵਨ ਦੀ ਬਾਜ਼ੀ ਜਿੱਤੀ ਹੈ।

38012	889	ਹਰਿ ਸੰਤੁ ਕਰੇ ਸੋਈ ਪਰਵਾਣੁ॥		Har Santh Karae Soee Paravaan ||	Whatever the Lord's Saint does, is approved and accepted.	ਪਰਮਾਤਮਾ ਦਾ ਸੰਤ ਜੋ ਕੁਝ ਕਰਦਾ ਹੈ, ਉਹ (ਪਰਮਾਤਮਾ ਦੀਆਂ ਨਜ਼ਰਾਂ ਵਿਚ) ਕਬੂਲ ਹੁੰਦਾ ਹੈ।
38013	889	ਨਾਨਕ ਦਾਸੁ ਤਾ ਕੈ ਕੁਰਬਾਣੁ॥੪॥੧੧॥੨੨॥		Naanak Dhaas Thaa Kai Kurabaan ||4||11||22||	Slave Nanak is a sacrifice to him. ||4||11||22||	ਹੇ ਨਾਨਕ! (ਆਖ-ਮੈਂ) ਦਾਸ ਉਸ ਤੋਂ ਸਦਕੇ ਜਾਂਦਾ ਹਾਂ ॥੪॥੧੧॥੨੨॥
38014	889	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38015	889	ਸਿੰਚਹਿ ਦਰਬੁ ਦੇਹਿ ਦੁਖੁ ਲੋਗ॥		Sinchehi Dharab Dhaehi Dhukh Log ||	You gather wealth by exploiting people.	(ਹੇ ਮੂਰਖ!) ਤੂੰ ਧਨ ਇਕੱਠਾ ਕਰੀ ਜਾਂਦਾ ਹੈਂ, (ਅਤੇ ਧਨ ਜੋੜਨ ਦੇ ਉੱਦਮ ਵਿਚ) ਲੋਕਾਂ ਨੂੰ ਦੁੱਖ ਦੇਂਦਾ ਹੈਂ।
38016	889	ਤੇਰੈ ਕਾਜਿ ਨ ਅਵਰਾ ਜੋਗ॥		Thaerai Kaaj N Avaraa Jog ||	It is of no use to you; it was meant for others.	(ਮੌਤ ਆਉਣ ਤੇ ਇਹ ਧਨ) ਤੇਰੇ ਕੰਮ ਨਹੀਂ ਆਵੇਗਾ, ਹੋਰਨਾਂ (ਦੇ ਵਰਤਣ) ਜੋਗਾ ਰਹਿ ਜਾਇਗਾ।
38017	889	ਕਰਿ ਅਹੰਕਾਰੁ ਹੋਇ ਵਰਤਹਿ ਅੰਧ॥		Kar Ahankaar Hoe Varathehi Andhh ||	You practice egotism, and act like a blind man.	(ਹੇ ਮੂਰਖ! ਇਸ ਧਨ ਦਾ) ਮਾਣ ਕਰ ਕੇ (ਇਸ ਧਨ ਦੇ ਨਸ਼ੇ ਵਿਚ) ਅੰਨ੍ਹਾ ਹੋ ਕੇ ਤੂੰ (ਲੋਕਾਂ ਨਾਲ) ਵਰਤਾਰਾ ਕਰਦਾ ਹੈਂ।

38018	889	ਜਮ ਕੀ ਜੇਵੜੀ ਤੂ ਆਗੈ ਬੰਧ॥੧॥		Jam Kee Jaevarree Thoo Aagai Bandhh ||1||	In the world hereafter, you shall be tied to the leash of the Messenger of Death. ||1||	(ਜਦੋਂ) ਮੌਤ ਦੀ ਫਾਹੀ (ਤੇਰੇ ਗਲ ਵਿਚ ਪਈ, ਉਸ ਫਾਹੀ ਵਿਚ) ਬੱਝੇ ਹੋਏ ਨੂੰ ਤੈਨੂੰ ਪਰਲੋਕ ਵਿਚ (ਲੈ ਜਾਣਗੇ, ਤੇ ਧਨ ਇਥੇ ਹੀ ਰਹਿ ਜਾਇਗਾ) ॥੧॥
38019	889	ਛਾਡਿ ਵਿਡਾਣੀ ਤਾਤਿ ਮੂੜੇ॥		Shhaadd Viddaanee Thaath Moorrae ||	Give up your envy of others, you fool!	ਹੇ ਮੂਰਖ! ਦੂਜਿਆਂ ਨਾਲ ਈਰਖਾ ਕਰਨੀ ਛੱਡ ਦੇ।
38020	889	ਈਹਾ ਬਸਨਾ ਰਾਤਿ ਮੂੜੇ॥		Eehaa Basanaa Raath Moorrae ||	You only live here for a night, you fool!	ਹੇ ਮੂਰਖ! ਇਸ ਦੁਨੀਆ ਵਿਚ (ਪੰਛੀਆਂ ਵਾਂਗ) ਰਾਤ-ਮਾਤ੍ਰ ਹੀ ਵੱਸਣਾ ਹੈ।
38021	889	ਮਾਇਆ ਕੇ ਮਾਤੇ ਤੈ ਉਠਿ ਚਲਨਾ॥	ਮੱਾਤੇ	Maaeiaa Kae Maathae Thai Outh Chalanaa ||	You are intoxicated with Maya, but you must soon arise and depart.	ਮਾਇਆ ਵਿਚ ਮਸਤ ਹੋਏ ਹੇ ਮੂਰਖ! (ਇਥੋਂ ਆਖ਼ਰ) ਉੱਠ ਕੇ ਤੂੰ ਚਲੇ ਜਾਣਾ ਹੈ,
38022	889	ਰਾਚਿ ਰਹਿਓ ਤੂ ਸੰਗਿ ਸੁਪਨਾ॥੧॥ਰਹਾਉ॥		Raach Rehiou Thoo Sang Supanaa ||1|| Rehaao ||	You are totally involved in the dream. ||1||Pause||	(ਪਰ) ਤੂੰ (ਇਸ ਜਗਤ-) ਸੁਪਨੇ ਨਾਲ ਰੁੱਝਾ ਪਿਆ ਹੈਂ ॥੧॥ ਰਹਾਉ ॥
38023	889	ਬਾਲ ਬਿਵਸਥਾ ਬਾਰਿਕੁ ਅੰਧ॥	ਬਿ-ਵਸਥਾ	Baal Bivasathhaa Baarik Andhh ||	In his childhood, the child is blind.	ਬਾਲ ਉਮਰੇ ਜੀਵ ਬੇ-ਸਮਝ ਬਾਲਕ ਬਣਿਆ ਰਹਿੰਦਾ ਹੈ,
38024	889	ਭਰਿ ਜੋਬਨਿ ਲਾਗਾ ਦੁਰਗੰਧ॥		Bhar Joban Laagaa Dhuragandhh ||	In the fullness of youth, he is involved in foul-smelling sins.	ਭਰ-ਜਵਾਨੀ ਵੇਲੇ ਵਿਕਾਰਾਂ ਵਿਚ ਲੱਗਾ ਰਹਿੰਦਾ ਹੈ,

38025	890	ਤ੍ਰਿਤੀਅ ਬਿਵਸਥਾ ਸਿੰਚੇ ਮਾਇ॥		Thritheea Bivasathhaa Sinchae Maae ||	In the third stage of life, he gathers the wealth of Maya.	(ਜਵਾਨੀ ਲੰਘ ਜਾਣ ਤੇ) ਤੀਜੀ ਉਮਰੇ ਮਾਇਆ ਜੋੜਨ ਲੱਗ ਪੈਂਦਾ ਹੈ,
38026	890	ਬਿਰਧਿ ਭਇਆ ਛੋਡਿ ਚਲਿਓ ਪਛੁਤਾਇ॥੨॥		Biradhh Bhaeiaa Shhodd Chaliou Pashhuthaae ||2||	And when he grows old, he must leave all this; he departs regretting and repenting. ||2||	(ਆਖ਼ਰ ਜਦੋਂ) ਬੁੱਢਾ ਹੋ ਜਾਂਦਾ ਹੈ ਤਾਂ ਅਫ਼ਸੋਸ ਕਰਦਾ (ਜੋੜੀ ਹੋਈ ਮਾਇਆ) ਛੱਡ ਕੇ (ਇਥੋਂ) ਤੁਰ ਪੈਂਦਾ ਹੈ ॥੨॥
38027	890	ਚਿਰੰਕਾਲ ਪਾਈ ਦੁਲਭ ਦੇਹ॥	ਦੁ-ਲਭ	Chirankaal Paaee Dhraalabh Dhaeh ||	After a very long time, one obtains this precious human body, so difficult to obtain.	(ਹੇ ਭਾਈ!) ਬੜੇ ਚਿਰਾਂ ਪਿੱਛੋਂ ਜੀਵ ਨੂੰ ਇਹ ਦੁਰਲੱਭ ਮਨੁੱਖਾ ਸਰੀਰ ਮਿਲਦਾ ਹੈ,
38028	890	ਨਾਮ ਬਿਹੂਣੀ ਹੋਈ ਖੇਹ॥		Naam Bihoonee Hoee Khaeh ||	Without the Naam, the Name of the Lord, it is reduced to dust.	ਪਰ ਨਾਮ ਤੋਂ ਵਾਂਜੇ ਰਹਿ ਕੇ ਇਹ ਸਰੀਰ ਮਿੱਟੀ ਹੋ ਜਾਂਦਾ ਹੈ।
38029	890	ਪਸੂ ਪਰੇਤ ਮੁਗਧ ਤੇ ਬੁਰੀ॥		Pasoo Paraeth Mugadhh Thae Buree ||	Worse than a beast, a demon or an idiot,	(ਨਾਮ ਤੋਂ ਬਿਨਾ, ਵਿਕਾਰਾਂ ਦੇ ਕਾਰਨ) ਮੂਰਖ ਜੀਵ ਦੀ ਇਹ ਦੇਹੀ ਪਸ਼ੂਆਂ ਤੇ ਪਰੇਤਾਂ ਨਾਲੋਂ ਭੀ ਭੈੜੀ (ਸਮਝੋ)।
38030	890	ਤਿਸਹਿ ਨ ਬੂਝੈ ਜਿਨਿ ਏਹ ਸਿਰੀ ॥੩॥		Thisehi N Boojhai Jin Eaeh Siree ||3||	Is that one who does not understand who created him. ||3||	ਜਿਸ ਪਰਮਾਤਮਾ ਨੇ (ਇਸ ਦੀ) ਇਹ ਮਨੁੱਖਾ ਦੇਹੀ ਬਣਾਈ ਉਸ ਨੂੰ ਕਦੇ ਚੇਤੇ ਨਹੀਂ ਕਰਦਾ ॥੩॥

38031	890	ਸੁਣਿ ਕਰਤਾਰ ਗੋਵਿੰਦ ਗੋਪਾਲ॥		Sun Karathaar Govindh Gopaal ||	Listen, O Creator Lord, Lord of the Universe, Lord of the World,	ਜੀਵ ਵਿਚਾਰੇ ਕੀਹ ਕਰਨ? ਹੇ ਕਰਤਾਰ! ਹੇ ਗੋਬਿੰਦ! ਹੇ ਗੋਪਾਲ!
38032	890	ਦੀਨ ਦਇਆਲ ਸਦਾ ਕਿਰਪਾਲ॥		Dheen Dhaeiaal Sadhaa Kirapaal ||	Merciful to the meek, forever compassionate	ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਹੇ ਸਦਾ ਹੀ ਕਿਰਪਾ ਦੇ ਸੋਮੇ!
38033	890	ਤੁਮਹਿ ਛਡਾਵਹੁ ਛੁਟਕਹਿ ਬੰਧ॥		Thumehi Shhaddaavahu Shhuttakehi Bandhh ||	If You emancipate the human, then his bonds are broken.	ਤੂੰ ਆਪ ਹੀ ਜੀਵਾਂ ਦੇ ਮਾਇਆ ਦੇ ਬੰਧਨ ਤੋੜੇਂ ਤਾਂ ਹੀ ਟੁੱਟ ਸਕਦੇ ਹਨ।
38034	890	ਬਖਸਿ ਮਿਲਾਵਹੁ ਨਾਨਕ ਜਗ ਅੰਧ॥੪॥੧੨॥੨੩॥	ਜੱਗ	Bakhas Milaavahu Naanak Jag Andhh ||4||12||23||	O Nanak, the people of world are blind; please, Lord, forgive them, and unite them with Yourself. ||4||12||23||	ਹੇ ਕਰਤਾਰ! (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਇਸ ਜਗਤ ਨੂੰ ਤੂੰ ਆਪ ਹੀ ਮਿਹਰ ਕਰ ਕੇ (ਆਪਣੇ ਚਰਨਾਂ ਵਿਚ) ਜੋੜੀ ਰੱਖ ॥੪॥੧੨॥੨੩॥
38035	890	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38036	890	ਕਰਿ ਸੰਜੋਗੁ ਬਨਾਈ ਕਾਛਿ॥		Kar Sanjog Banaaee Kaashh ||	Joining the elements together, the robe of the body is fashioned.	(ਜਿਵੇਂ ਕੋਈ ਦਰਜ਼ੀ ਕੱਪੜਾ ਮਾਪ ਕਤਰ ਕੇ ਮਨੁੱਖ ਦੇ ਸਰੀਰ ਵਾਸਤੇ ਕਮੀਜ਼ ਆਦਿਕ ਬਣਾਂਦਾ ਹੈ, ਤਿਵੇਂ ਪਰਮਾਤਮਾ ਨੇ ਜਿੰਦ ਤੇ ਸਰੀਰ ਦੇ) ਮਿਲਾਪ (ਦਾ ਅਵਸਰ) ਬਣਾ ਕੇ (ਜਿੰਦ ਵਾਸਤੇ ਇਹ ਸਰੀਰ-ਚੋਲੀ) ਕੱਛ ਕੇ ਬਣਾ ਦਿੱਤੀ।

38037	890	ਤਿਸੁ ਸੰਗਿ ਰਹਿਓ ਇਆਨਾ ਰਾਚਿ॥		This Sang Rehiou Eiaanaa Raach ||	The ignorant fool is engrossed in it.	ਉਸ (ਸਰੀਰ-ਚੋਲੀ) ਨਾਲ ਬੇ-ਸਮਝ ਜੀਵ ਪਰਚਿਆ ਰਹਿੰਦਾ ਹੈ।
38038	890	ਪ੍ਰਤਿਪਾਰੈ ਨਿਤ ਸਾਰਿ ਸਮਾਰੈ॥		Prathipaarai Nith Saar Samaarai ||	He cherishes it, and constantly takes care of it.	ਸਦਾ ਇਸ ਸਰੀਰ ਨੂੰ ਪਾਲਦਾ ਪੋਸਦਾ ਰਹਿੰਦਾ ਹੈ, ਤੇ ਸਦਾ ਇਸ ਦੀ ਸਾਂਭ-ਸੰਭਾਲ ਕਰਦਾ ਰਹਿੰਦਾ ਹੈ।
38039	890	ਅੰਤ ਕੀ ਬਾਰ ਊਠਿ ਸਿਧਾਰੈ॥੧॥		Anth Kee Baar Ooth Sidhhaarai ||1||	But at the very last moment, he must arise and depart. ||1||	ਅੰਤ ਦੇ ਵੇਲੇ ਜੀਵ (ਇਸ ਨੂੰ ਛੱਡ ਕੇ) ਉੱਠ ਤੁਰਦਾ ਹੈ ॥੧॥
38040	890	ਨਾਮ ਬਿਨਾ ਸਭੁ ਝੂਠੁ ਪਰਾਨੀ॥		Naam Binaa Sabh Jhooth Paraanee ||	Without the Naam, the Name of the Lord, everything is false, O mortal.	ਹੇ ਪ੍ਰਾਣੀ! ਪਰਮਾਤਮਾ ਦੇ ਨਾਮ ਤੋਂ ਬਿਨਾ ਇਹ ਸਾਰਾ ਅਡੰਬਰ ਨਾਸਵੰਤ ਹੈ।
38041	890	ਗੋਵਿਦ ਭਜਨ ਬਿਨੁ ਅਵਰ ਸੰਗਿ ਰਾਤੇ ਤੇ ਸਭਿ ਮਾਇਆ ਮੂਠੁ ਪਰਾਨੀ॥੧॥ਰਹਾਉ॥		Govidh Bhajan Bin Avar Sang Raathae Thae Sabh Maaeiaa Mooth Paraanee ||1|| Rehaao ||	Those who do not vibrate and meditate on the Lord of the Universe, but instead are imbued with other things, - all those mortals are plundered by Maya. ||1||Pause||	ਹੇ ਪ੍ਰਾਣੀ! ਜੇਹੜੇ ਬੰਦੇ ਪਰਮਾਤਮਾ ਦੇ ਭਜਨ ਤੋਂ ਬਿਨਾ ਹੋਰ ਪਦਾਰਥਾਂ ਨਾਲ ਮਸਤ ਰਹਿੰਦੇ ਹਨ, ਉਹ ਸਾਰੇ ਮਾਇਆ (ਦੇ ਮੋਹ) ਵਿਚ ਠੱਗੇ ਜਾਂਦੇ ਹਨ ॥੧॥ ਰਹਾਉ ॥
38042	890	ਤੀਰਥ ਨਾਇ ਨ ਉਤਰਸਿ ਮੈਲੁ॥	ਨ੍ਹਾਇ। ਉਤਰ-ਸਿ	Theerathh Naae N Outharas Mail ||	Bathing at sacred shrines of pilgrimage, filth is not washed off.	(ਹੇ ਭਾਈ! ਮਾਇਆ ਦੇ ਮੋਹ ਦੀ ਇਹ) ਮੈਲ ਤੀਰਥਾਂ ਉਤੇ ਇਸ਼ਨਾਨ ਕਰ ਕੇ ਨਹੀਂ ਉਤਰੇਗੀ।

38043	890	ਕਰਮ ਧਰਮ ਸਭਿ ਹਉਮੈ ਫੈਲੁ॥		Karam Dhharam Sabh Houmai Fail ||	Religious rituals are all just egotistical displays.	(ਤੀਰਥ-ਇਸ਼ਨਾਨ ਆਦਿਕ ਇਹ) ਸਾਰੇ (ਮਿਥੇ ਹੋਏ) ਧਾਰਮਿਕ ਕੰਮ ਹਉਮੈ ਦਾ ਖਿਲਾਰਾ ਹੀ ਹੈ।
38044	890	ਲੋਕ ਪਚਾਰੈ ਗਤਿ ਨਹੀ ਹੋਇ॥		Lok Pachaarai Gath Nehee Hoe ||	By pleasing and appeasing people, no one is saved.	(ਤੀਰਥ-ਇਸ਼ਨਾਨ ਆਦਿਕ ਕਰਮਾਂ ਦੀ ਰਾਹੀਂ ਆਪਣੇ ਧਾਰਮਿਕ ਹੋਣ ਬਾਰੇ) ਲੋਕਾਂ ਦੀ ਤਸੱਲੀ ਕਰਾਇਆਂ ਉੱਚੀ ਆਤਮਕ ਅਵਸਥਾ ਪ੍ਰਾਪਤ ਨਹੀਂ ਹੋ ਸਕਦੀ।
38045	890	ਨਾਮ ਬਿਹੂਣੇ ਚਲਸਹਿ ਰੋਇ॥੨॥	ਚਲਸ-ਹਿ	Naam Bihoonae Chalasehi Roe ||2||	Without the Naam, they shall depart weeping. ||2||	ਪਰਮਾਤਮਾ ਦੇ ਨਾਮ ਤੋਂ ਸੱਖਣੇ ਸਭ ਜੀਵ (ਇਥੋਂ) ਰੋ ਰੋ ਕੇ ਹੀ ਜਾਣਗੇ ॥੨॥
38046	890	ਬਿਨੁ ਹਰਿ ਨਾਮ ਨ ਟੂਟਸਿ ਪਟਲ॥	ਪਟਲ:ਪੋਲਾ ਬੋਲੋ	Bin Har Naam N Ttoottas Pattal ||	Without the Lord's Name, the screen is not torn away.	(ਹੇ ਭਾਈ!) ਪਰਮਾਤਮਾ ਦੇ ਨਾਮ ਤੋਂ ਬਿਨਾ (ਮਾਇਆ ਦੇ ਮੋਹ ਦਾ) ਪੜਦਾ ਨਹੀਂ ਟੁੱਟੇਗਾ।
38047	890	ਸੋਧੇ ਸਾਸਤ੍ਰ ਸਿਮ੍ਰਿਤਿ ਸਗਲ॥	ਸਿਮ-ਰ੍ਿਤਿ	Sodhhae Saasathr Simrith Sagal ||	I have studied all the Shaastras and Simritees.	ਸਾਰੇ ਹੀ ਸ਼ਾਸਤ੍ਰ ਅਤੇ ਸਿਮ੍ਰਿਤੀਆਂ ਵਿਚਾਰਿਆਂ ਭੀ (ਇਹ ਪੜਦਾ ਦੂਰ ਨਹੀਂ ਹੋਵੇਗਾ)।
38048	890	ਸੋ ਨਾਮੁ ਜਪੈ ਜਿਸੁ ਆਪਿ ਜਪਾਏ॥		So Naam Japai Jis Aap Japaaeae ||	He alone chants the Naam, whom the Lord Himself inspires to chant.	ਪਰ ਉਹੀ ਬੰਦਾ ਨਾਮ ਜਪਦਾ ਹੈ ਜਿਸ ਨੂੰ ਪ੍ਰਭੂ ਆਪ ਨਾਮ ਜਪਣ ਲਈ ਪ੍ਰੇਰਦਾ ਹੈ।

38049	890	ਸਗਲ ਫਲਾ ਸੇ ਸੂਖਿ ਸਮਾਏ॥੩॥		Sagal Falaa Sae Sookh Samaaeae ||3||	He obtains all fruits and rewards, and merges in peace. ||3||	(ਜਿਹੜੇ ਬੰਦੇ ਨਾਮ ਜਪਦੇ ਹਨ) ਉਹਨਾਂ ਨੂੰ (ਮਨੁੱਖਾ ਜੀਵਨ ਦੇ) ਸਾਰੇ ਫਲ ਪ੍ਰਾਪਤ ਹੁੰਦੇ ਹਨ, ਉਹ ਬੰਦੇ (ਸਦਾ) ਆਨੰਦ ਵਿਚ ਟਿਕੇ ਰਹਿੰਦੇ ਹਨ ॥੩॥
38050	890	ਰਾਖਨਹਾਰੇ ਰਾਖਹੁ ਆਪਿ॥		Raakhanehaarae Raakhahu Aap ||	O Savior Lord, please save me!	ਹੇ ਸਭ ਦੀ ਰੱਖਿਆ ਕਰਨ ਦੇ ਸਮਰੱਥ ਪ੍ਰਭੂ! ਤੂੰ ਆਪ ਹੀ (ਮਾਇਆ ਦੇ ਮੋਹ ਤੋਂ ਅਸਾਂ ਜੀਵਾਂ ਦੀ) ਰੱਖਿਆ ਕਰ ਸਕਦਾ ਹੈਂ।
38051	890	ਸਗਲ ਸੁਖਾ ਪ੍ਰਭ ਤੁਮਰੈ ਹਾਥਿ॥		Sagal Sukhaa Prabh Thumarai Haathh ||	All peace and comforts are in Your Hand, God.	ਹੇ ਪ੍ਰਭੂ! ਸਾਰੇ ਸੁਖ ਤੇਰੇ ਆਪਣੇ ਹੱਥ ਵਿਚ ਹਨ।
38052	890	ਜਿਤੁ ਲਾਵਹਿ ਤਿਤੁ ਲਾਗਹ ਸੁਆਮੀ॥		Jith Laavehi Thith Laageh Suaamee ||	Whatever you attach me to, to that I am attached, O my Lord and Master.	ਹੇ ਮਾਲਕ-ਪ੍ਰਭੂ! ਤੂੰ ਜਿਸ ਕੰਮ ਵਿਚ (ਸਾਨੂੰ) ਲਾਂਦਾ ਹੈਂ, ਅਸੀਂ ਉਸੇ ਕੰਮ ਵਿਚ ਲੱਗ ਪੈਂਦੇ ਹਾਂ।
38053	890	ਨਾਨਕ ਸਾਹਿਬੁ ਅੰਤਰਜਾਮੀ॥੪॥੧੩॥੨੪॥		Naanak Saahib Antharajaamee ||4||13||24||	O Nanak, the Lord is the Inner-knower, the Searcher of hearts. ||4||13||24||	ਹੇ ਨਾਨਕ! (ਆਖ-) ਮਾਲਕ-ਪ੍ਰਭੂ ਸਭ ਦੇ ਦਿਲਾਂ ਦੀ ਜਾਣਨ ਵਾਲਾ ਹੈ ॥੪॥੧੩॥੨੪॥
38054	890	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	

38055	890	ਜੋ ਕਿਛੁ ਕਰੈ ਸੋਈ ਸੁਖੁ ਜਾਨਾ॥		Jo Kishh Karai Soee Sukh Jaanaa ||	Whatever He does makes me happy.	(ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਦਾ ਮਿਲਾਪ ਹੋ ਜਾਂਦਾ ਹੈ ਉਹ) ਜੋ ਕੁਝ ਪਰਮਾਤਮਾ ਕਰਦਾ ਹੈ ਉਸੇ ਨੂੰ ਉਹ ਸੁਖ ਸਮਝਦਾ ਹੈ।
38056	890	ਮਨੁ ਅਸਮਝੁ ਸਾਧਸੰਗਿ ਪਤੀਆਨਾ॥	ਪਤੀ-ਆਨਾ:ਪੋਲਾ ਬੋਲੋ। ਅ-ਸਮਝੁ	Man Asamajh Saadhhasang Patheeaanaa ||	The ignorant mind is encouraged, in the Saadh Sangat, the Company of the Holy.	ਉਸ ਦਾ (ਪਹਿਲਾ) ਅੰਞਾਣ ਮਨ ਗੁਰੂ ਦੀ ਸੰਗਤਿ ਵਿਚ ਗਿੱਝ ਜਾਂਦਾ ਹੈ।
38057	890	ਡੋਲਨ ਤੇ ਚੂਕਾ ਠਹਰਾਇਆ॥		Ddolan Thae Chookaa Theharaaeiaa ||	Now, it does not waver at all; it has become stable and steady.	(ਗੁਰੂ ਦੀ ਕਿਰਪਾ ਨਾਲ ਪ੍ਰਭੂ-ਚਰਨਾਂ ਵਿਚ) ਟਿਕਾਇਆ ਹੋਇਆ ਉਸ ਦਾ ਮਨ ਡੋਲਣ ਤੋਂ ਹਟ ਜਾਂਦਾ ਹੈ,
38058	890	ਸਤਿ ਮਾਹਿ ਲੇ ਸਤਿ ਸਮਾਇਆ॥੧॥	ਸੱਤਿ	Sath Maahi Lae Sath Samaaeiaa ||1||	Receiving Truth, it is merged in the True Lord. ||1||	ਅਤੇ ਸਦਾ-ਥਿਰ ਪ੍ਰਭੂ (ਦਾ ਨਾਮ) ਲੈ ਕੇ ਉਸ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ ॥੧॥
38059	890	ਦੂਖੁ ਗਇਆ ਸਭੁ ਰੋਗੁ ਗਇਆ॥		Dhookh Gaeiaa Sabh Rog Gaeiaa ||	Pain is gone, and all illness is gone.	(ਹੇ ਭਾਈ!) ਉਸ ਮਨੁੱਖ ਦਾ ਸਾਰਾ ਦੁੱਖ ਸਾਰਾ ਰੋਗ ਦੂਰ ਹੋ ਜਾਂਦਾ ਹੈ,

38060	890	ਪ੍ਰਭ ਕੀ ਆਗਿਆ ਮਨ ਮਹਿ ਮਾਨੀ ਮਹਾਪੁਰਖ ਕਾ ਸੰਗੁ ਭਇਆ॥੧॥ਰਹਾਉ ॥		Prabh Kee Aagiaa Man Mehi Maanee Mehaa Purakh Kaa Sang Bhaeiaa ||1|| Rehaao ||	I have accepted the Will of God in my mind, associating with the Great Person, the Guru. ||1||Pause||	ਜਿਸ ਨੂੰ ਗੁਰੂ ਦਾ ਮਿਲਾਪ ਹੋ ਜਾਂਦਾ ਹੈ। ਪ੍ਰਭੂ ਦੀ ਰਜ਼ਾ ਉਸ ਨੂੰ ਮਨ ਵਿਚ ਮਿੱਠੀ ਲੱਗਣ ਲੱਗ ਪੈਂਦੀ ਹੈ ॥੧॥ ਰਹਾਉ ॥
38061	890	ਸਗਲ ਪਵਿਤ੍ਰ ਸਰਬ ਨਿਰਮਲਾ॥		Sagal Pavithr Sarab Niramalaa ||	All is pure; all is immaculate.	(ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਦਾ ਮਿਲਾਪ ਹੋ ਜਾਂਦਾ ਹੈ) ਉਸ ਮਨੁੱਖ ਦੇ ਸਾਰੇ ਉੱਦਮ ਪਵਿੱਤਰ ਹੁੰਦੇ ਹਨ ਉਸ ਦੇ ਸਾਰੇ ਕੰਮ ਨਿਰਮਲ ਹੁੰਦੇ ਹਨ।
38062	890	ਜੋ ਵਰਤਾਏ ਸੋਈ ਭਲਾ॥		Jo Varathaaeae Soee Bhalaa ||	Whatever exists is good.	ਜੋ ਕੁਝ ਪਰਮਾਤਮਾ ਕਰਦਾ ਹੈ, ਉਸ ਮਨੁੱਖ ਨੂੰ ਉਹੀ ਉਹੀ ਕੰਮ ਭਲਾ ਜਾਪਦਾ ਹੈ।
38063	890	ਜਹ ਰਾਖੈ ਸੋਈ ਮੁਕਤਿ ਥਾਨੁ॥		Jeh Raakhai Soee Mukath Thhaan ||	Wherever He keeps me, that is the place of liberation for me.	(ਗੁਰੂ) ਜਿੱਥੇ ਉਸ ਨੂੰ ਰੱਖਦਾ ਹੈ ਉਹੀ ਉਸ ਦੇ ਵਾਸਤੇ ਵਿਕਾਰਾਂ ਤੋਂ ਖ਼ਲਾਸੀ ਦਾ ਥਾਂ ਹੁੰਦਾ ਹੈ;
38064	890	ਜੋ ਜਪਾਏ ਸੋਈ ਨਾਮੁ॥੨॥		Jo Japaaeae Soee Naam ||2||	Whatever He makes me chant, is His Name. ||2||	ਉਸ ਤੋਂ ਪਰਮਾਤਮਾ ਦਾ ਨਾਮ ਹੀ ਸਦਾ ਜਪਾਂਦਾ ਹੈ ॥੨॥

38065	890	ਅਠਸਠਿ ਤੀਰਥ ਜਹ ਸਾਧ ਪਗ ਧਰਹਿ॥		Athasath Theerathh Jeh Saadhh Pag Dhharehi ||	That is the sixty-eight sacred shrines of pilgrimage, where the Holy place their feet,	(ਹੇ ਭਾਈ!) ਜਿੱਥੇ ਗੁਰਮੁਖ ਮਨੁੱਖ (ਆਪਣੇ) ਪੈਰ ਧਰਦੇ ਹਨ ਉਹ ਥਾਂ ਅਠਾਹਠ ਤੀਰਥ ਸਮਝੋ,
38066	890	ਤਹ ਬੈਕੁੰਠੁ ਜਹ ਨਾਮੁ ਉਚਰਹਿ॥		Theh Baikunth Jeh Naam Oucharehi ||	And that is heaven, where the Naam is chanted.	(ਕਿਉਂਕਿ) ਜਿੱਥੇ ਸੰਤ ਜਨ ਪਰਮਾਤਮਾ ਦਾ ਨਾਮ ਉਚਾਰਦੇ ਹਨ ਉਹ ਥਾਂ ਸੱਚਖੰਡ ਬਣ ਜਾਂਦਾ ਹੈ।
38067	890	ਸਰਬ ਅਨੰਦ ਜਬ ਦਰਸਨੁ ਪਾਈਐ॥		Sarab Anandh Jab Dharasan Paaeeai ||	All bliss comes, when one obtains the Blessed Vision of the Lord's Darshan.	ਜਦੋਂ ਗੁਰਮੁਖਾਂ ਦਾ ਦਰਸ਼ਨ ਕਰੀਦਾ ਹੈ ਤਦੋਂ ਸਾਰੇ ਆਤਮਕ ਆਨੰਦ ਪ੍ਰਾਪਤ ਹੋ ਜਾਂਦੇ ਹਨ।
38068	890	ਰਾਮ ਗੁਣਾ ਨਿਤ ਨਿਤ ਹਰਿ ਗਾਈਐ॥੩॥		Raam Gunaa Nith Nith Har Gaaeeai ||3||	I sing continuously, continually, the Glorious Praises of the Lord. ||3||	(ਗੁਰਮੁਖਾਂ ਦੀ ਸੰਗਤਿ ਵਿਚ) ਸਦਾ ਪਰਮਾਤਮਾ ਦੇ ਗੁਣ ਗਾ ਸਕੀਦੇ ਹਨ, ਸਦਾ ਪ੍ਰਭੂ ਦੀ ਸਿਫ਼ਤਿ-ਸਾਲਾਹ ਗਾਈ ਜਾ ਸਕਦੀ ਹੈ ॥੩॥
38069	890	ਆਪੇ ਘਟਿ ਘਟਿ ਰਹਿਆ ਬਿਆਪਿ॥		Aapae Ghatt Ghatt Rehiaa Biaap ||	The Lord Himself is pervading in each and every heart.	(ਹੇ ਭਾਈ!) (ਹੁਣ ਨਾਨਕ ਨੂੰ ਦਿੱਸ ਰਿਹਾ ਹੈ ਕਿ) ਪਰਮਾਤਮਾ ਆਪ ਹੀ ਹਰੇਕ ਸਰੀਰ ਵਿਚ ਮੌਜੂਦ ਹੈ,
38070	890	ਦਇਆਲ ਪੁਰਖ ਪਰਗਟ ਪਰਤਾਪ॥		Dhaeiaal Purakh Paragatt Parathaap ||	The glory of the Merciful Lord is radiant and manifest.	ਦਇਆ ਦੇ ਸੋਮੇ ਅਕਾਲ ਪੁਰਖ ਦਾ ਤੇਜ-ਪਰਤਾਪ ਪ੍ਰਤੱਖ (ਹਰ ਥਾਂ ਦਿੱਸ ਰਿਹਾ ਹੈ)।

38071	890	ਕਪਟ ਖੁਲਾਨੇ ਭ੍ਰਮ ਨਾਠੇ ਦੂਰੇ॥		Kapatt Khulaanae Bhram Naathae Dhoorae ||	The shutters are opened, and doubts have run away.	(ਗੁਰੂ ਦੀ ਕਿਰਪਾ ਨਾਲ ਮਨ ਦੇ) ਕਿਵਾੜ ਖੁਲ੍ਹ ਗਏ ਹਨ, ਤੇ, ਸਾਰੇ ਭਰਮ ਕਿਤੇ ਦੂਰ ਭੱਜ ਗਏ ਹਨ,
38072	890	ਨਾਨਕ ਕਉ ਗੁਰ ਭੇਟੇ ਪੂਰੇ॥੪॥੧੪॥੨੫॥		Naanak Ko Gur Bhaettae Poorae ||4||14||25||	Nanak has met with the Perfect Guru. ||4||14||25||	(ਕਿਉਂਕਿ) ਨਾਨਕ ਨੂੰ ਪੂਰੇ ਗੁਰੂ ਜੀ ਮਿਲ ਪਏ ਹਨ ॥੪॥੧੪॥੨੫॥
38073	890	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38074	890	ਕੋਟਿ ਜਾਪ ਤਾਪ ਬਿਸ੍ਰਾਮ॥		Kott Jaap Thaap Bisraam ||	Millions of meditations and austerities rest in him,	(ਹੇ ਭਾਈ!) ਕ੍ਰੋੜਾਂ ਜਪਾਂ ਤਪਾਂ (ਦਾ ਫਲ ਉਸ ਦੇ ਅੰਦਰ) ਆ ਵੱਸਦਾ ਹੈ,
38075	890	ਰਿਧਿ ਬੁਧਿ ਸਿਧਿ ਸੁਰਗਿਆਨ॥	(ਸੁਰਗਿਆਨ)ਸ੍ਰੇਸ਼ਟ,ਬ੍ਰਹਮਗਿਆਨ	Ridhh Budhh Sidhh Sur Giaan ||	Along with wealth, wisdom, miraculous spiritual powers and angelic spiritual insight.	ਉਸ ਮਨੁੱਖ ਦੀ ਦੇਵਤਿਆਂ ਵਾਲੀ ਸੂਝ-ਬੂਝ ਹੋ ਜਾਂਦੀ ਹੈ, ਉਸ ਦੀ ਬੁੱਧੀ (ਉੱਚੀ ਹੋ ਜਾਂਦੀ ਹੈ) ਉਹ ਰਿੱਧੀਆਂ ਸਿੱਧੀਆਂ (ਦਾ ਮਾਲਕ ਹੋ ਜਾਂਦਾ ਹੈ),
38076	890	ਅਨਿਕ ਰੂਪ ਰੰਗ ਭੋਗ ਰਸੈ॥		Anik Roop Rang Bhog Rasai ||	He enjoys the various shows and forms, pleasures and delicacies;	ਉਹ (ਮਾਨੋ) ਅਨੇਕਾਂ ਰੂਪਾਂ ਰੰਗਾਂ ਅਤੇ ਮਾਇਕ ਪਦਾਰਥਾਂ ਦਾ ਰਸ ਮਾਣਦਾ ਹੈ,

38077	890	ਗੁਰਮੁਖਿ ਨਾਮੁ ਨਿਮਖ ਰਿਦੈ ਵਸੈ॥੧॥		Guramukh Naam Nimakh Ridhai Vasai ||1||	The Naam, the Name of the Lord, dwells within the heart of the Gurmukh. ||1||	ਗੁਰੂ ਦੀ ਰਾਹੀਂ (ਜਿਸ ਮਨੁੱਖ ਦੇ) ਹਿਰਦੇ ਵਿਚ ਅੱਖ ਦੇ ਫੋਰ ਜਿਤਨੇ ਸਮੇ ਵਾਸਤੇ ਭੀ ਹਰਿ-ਨਾਮ ਵੱਸਦਾ ਹੈ ॥੧॥
38078	890	ਹਰਿ ਕੇ ਨਾਮ ਕੀ ਵਡਿਆਈ॥		Har Kae Naam Kee Vaddiaaee ||	Such is the glorious greatness of the Name of the Lord.	(ਹੇ ਭਾਈ!) ਪਰਮਾਤਮਾ ਦੇ ਨਾਮ ਦੀ ਮਹੱਤਤਾ (ਦੱਸੀ ਨਹੀਂ ਜਾ ਸਕਦੀ)
38079	890	ਕੀਮਤਿ ਕਹਣੁ ਨ ਜਾਈ॥੧॥ਰਹਾਉ॥		Keemath Kehan N Jaaee ||1|| Rehaao ||	Its value cannot be described. ||1||Pause||	ਹਰਿ-ਨਾਮ ਦਾ ਮੁੱਲ ਪਾਇਆ ਨਹੀਂ ਜਾ ਸਕਦਾ ॥੧॥ ਰਹਾਉ ॥
38080	890	ਸੂਰਬੀਰ ਧੀਰਜ ਮਤਿ ਪੂਰਾ॥		Soorabeer Dhheeraj Math Pooraa ||	He alone is brave, patient and perfectly wise;	(ਹੇ ਭਾਈ!) ਉਹ ਮਨੁੱਖ (ਵਿਕਾਰਾਂ ਦੇ ਟਾਕਰੇ ਤੇ) ਸੂਰਮਾ ਹੈ ਬਹਾਦਰ ਹੈ,
38081	891	ਸਹਜ ਸਮਾਧਿ ਧੁਨਿ ਗਹਿਰ ਗੰਭੀਰਾ॥		Sehaj Samaadhh Dhhun Gehir Ganbheeraa ||	He is intuitively in Samaadhi, profound and unfathomable.	ਪੂਰੀ ਅਕਲ ਅਤੇ ਧੀਰਜ ਦਾ ਮਾਲਕ ਹੈ, ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਪ੍ਰਭੂ ਵਿਚ ਉਸ ਦੀ ਡੂੰਘੀ ਲਗਨ ਬਣੀ ਰਹਿੰਦੀ ਹੈ,
38082	891	ਸਦਾ ਮੁਕਤੁ ਤਾ ਕੇ ਪੂਰੇ ਕਾਮ॥		Sadhaa Mukath Thaa Kae Poorae Kaam ||	He is liberated forever and all his affairs are perfectly resolved;	ਸਦਾ ਵਿਕਾਰਾਂ ਤੋਂ ਆਜ਼ਾਦ ਰਹਿੰਦਾ ਹੈ, ਉਸ ਦੇ ਸਾਰੇ ਕੰਮ ਸਫਲ ਹੋ ਜਾਂਦੇ ਹਨ,
38083	891	ਜਾ ਕੈ ਰਿਦੈ ਵਸੈ ਹਰਿ ਨਾਮ॥੨॥		Jaa Kai Ridhai Vasai Har Naam ||2||	The Lord's Name abides within his heart. ||2||	ਜਿਸ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ ॥੨॥

38084	891	ਸਗਲ ਸੂਖ ਆਨੰਦ ਅਰੋਗ॥		Sagal Sookh Aanandh Arog ||	He is totally peaceful, blissful and healthy;	(ਹੇ ਭਾਈ!) ਉਸ ਮਨੁੱਖ ਨੂੰ ਸਾਰੇ ਸੁਖ ਆਨੰਦ ਪ੍ਰਾਪਤ ਰਹਿੰਦੇ ਹਨ, ਉਹ (ਮਾਨਸਕ) ਰੋਗਾਂ ਤੋਂ ਬਚਿਆ ਰਹਿੰਦਾ ਹੈ,
38085	891	ਸਮਦਰਸੀ ਪੂਰਨ ਨਿਰਜੋਗ॥	(ਨਿਰਜੋਗ)ਬੰਦਨ ਰਹਿਤ।ਸਮ-ਦਰਸੀ	Samadharasee Pooran Nirajog ||	He looks upon all impartially, and is perfectly detached.	(ਮਾਇਆ ਦੇ ਪ੍ਰਭਾਵ ਤੋਂ ਉਹ) ਪੂਰੇ ਤੌਰ ਤੇ ਨਿਰਲੇਪ ਰਹਿੰਦਾ ਹੈ, ਸਭਨਾਂ ਵਿਚ ਇਕ ਪਰਮਾਤਮਾ ਦੀ ਜੋਤਿ ਵੇਖਦਾ ਹੈ
38086	891	ਆਇ ਨ ਜਾਇ ਡੋਲੈ ਕਤ ਨਾਹੀ॥		Aae N Jaae Ddolai Kath Naahee ||	He does not come and go, and he never wavers;	ਉਹ ਕਿਤੇ ਭਟਕਦਾ ਨਹੀਂ, ਕਿਤੇ ਡੋਲਦਾ ਨਹੀਂ,
38087	891	ਜਾ ਕੈ ਨਾਮੁ ਬਸੈ ਮਨ ਮਾਹੀ॥੩॥		Jaa Kai Naam Basai Man Maahee ||3||	The Naam abides in his mind. ||3||	ਜਿਸ ਦੇ ਮਨ ਵਿਚ ਹਰਿ-ਨਾਮ ਆ ਵੱਸਦਾ ਹੈ ॥੩॥
38088	891	ਦੀਨ ਦਇਆਲ ਗੋਪਾਲ ਗੋਵਿੰਦ॥	ਗੋਪਾਲ:ਹੋੜੇ ਔਂਕੜ ਵਿਚਕਾਰਲੀ ਅਵਾਜ ਬੋਲੋ	Dheen Dhaeiaal Guopaal Govindh ||	God is Merciful to the meek; He is the Lord of the World, the Lord of the Universe.	(ਹੇ ਭਾਈ!) ਗੁਰੂ ਦੀ ਸਰਨ ਪੈ ਕੇ ਦੀਨਾਂ ਉਤੇ ਦਇਆ ਕਰਨ ਵਾਲੇ ਗੋਪਾਲ ਗੋਵਿੰਦ ਦਾ ਨਾਮ ਜਪਣਾ ਚਾਹੀਦਾ ਹੈ,
38089	891	ਗੁਰਮੁਖਿ ਜਪੀਐ ਉਤਰੈ ਚਿੰਦ॥		Guramukh Japeeai Outharai Chindh ||	The Gurmukh meditates on Him, and his worries are gone.	(ਜਿਹੜਾ ਮਨੁੱਖ ਜਪਦਾ ਹੈ, ਉਸ ਦਾ) ਚਿੰਤਾ-ਫ਼ਿਕਰ ਦੂਰ ਹੋ ਜਾਂਦਾ ਹੈ।
38090	891	ਨਾਨਕ ਕਉ ਗੁਰਿ ਦੀਆ ਨਾਮੁ॥		Naanak Ko Gur Dheeaa Naam ||	The Guru has blessed Nanak with the Naam;	(ਹੇ ਭਾਈ! ਮੈਨੂੰ) ਨਾਨਕ ਨੂੰ ਗੁਰੂ ਨੇ ਪ੍ਰਭੂ ਦਾ ਨਾਮ ਬਖ਼ਸ਼ਿਆ ਹੈ, ਸੰਤ ਜਨਾਂ ਦੀ ਟਹਿਲ (ਦੀ ਦਾਤਿ) ਦਿੱਤੀ ਹੈ।

38091	891	ਸੰਤਨ ਕੀ ਟਹਲ ਸੰਤ ਕਾ ਕਾਮੁ॥੪॥੧੫॥੨੬॥		Santhan Kee Ttehal Santh Kaa Kaam ||4||15||26||	He serves the Saints, and works for the Saints. ||4||15||26||	(ਹਰਿ-ਨਾਮ ਦਾ ਸਿਮਰਨ ਹੀ) ਗੁਰੂ ਦਾ (ਦੱਸਿਆ) ਕੰਮ ਹੈ ॥੪॥੧੫॥੨੬॥
38092	891	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38093	891	ਬੀਜ ਮੰਤ੍ਰੁ ਹਰਿ ਕੀਰਤਨੁ ਗਾਉ॥		Beej Manthra Har Keerathan Gaao ||	Sing the Kirtan of the Lord's Praises and the Beej Mantra the Seed Mantra.	(ਹੇ ਭਾਈ!) ਪਰਮਾਤਮਾ ਦੀ ਸਿਫ਼ਤਿ (ਦਾ ਗੀਤ) ਗਾਇਆ ਕਰੋ (ਪਰਮਾਤਮਾ ਨੂੰ ਵੱਸ ਕਰਨ ਦਾ) ਇਹ ਸਭ ਤੋਂ ਸ੍ਰੇਸ਼ਟ ਮੰਤ੍ਰ ਹੈ।
38094	891	ਆਗੈ ਮਿਲੀ ਨਿਥਾਵੇ ਥਾਉ॥		Aagai Milee Nithhaavae Thhaao ||	Even the homeless find a home in the world hereafter.	(ਕੀਰਤਨ ਦੀ ਬਰਕਤਿ ਨਾਲ) ਪਰਲੋਕ ਵਿਚ ਨਿਆਸਰੇ ਜੀਵ ਨੂੰ ਭੀ ਆਸਰਾ ਮਿਲ ਜਾਂਦਾ ਹੈ।
38095	891	ਗੁਰ ਪੂਰੇ ਕੀ ਚਰਣੀ ਲਾਗੁ॥		Gur Poorae Kee Charanee Laag ||	Fall at the feet of the Perfect Guru;	(ਹੇ ਭਾਈ!) ਪੂਰੇ ਗੁਰੂ ਦੇ ਚਰਨਾਂ ਤੇ ਪਿਆ ਰਹੁ,
38096	891	ਜਨਮ ਜਨਮ ਕਾ ਸੋਇਆ ਜਾਗੁ ॥੧॥		Janam Janam Kaa Soeiaa Jaag ||1||	You have slept for so many incarnations - wake up! ||1||	ਇਸ ਤਰ੍ਹਾਂ ਕਈ ਜਨਮਾਂ ਤੋਂ (ਮਾਇਆ ਦੇ ਮੋਹ ਦੀ) ਨੀਂਦ ਵਿਚ ਸੁੱਤਾ ਹੋਇਆ ਤੂੰ ਜਾਗ ਪਏਂਗਾ ॥੧॥
38097	891	ਹਰਿ ਹਰਿ ਜਾਪੁ ਜਪਲਾ॥		Har Har Jaap Japalaa ||	Chant the Chant of the Lord's Name, Har, Har.	(ਹੇ ਭਾਈ! ਜਿਸ ਮਨੁੱਖ ਨੇ) ਪਰਮਾਤਮਾ (ਦੇ ਨਾਮ) ਦਾ ਜਾਪ ਜਪਿਆ,

38098	891	ਗੁਰ ਕਿਰਪਾ ਤੇ ਹਿਰਦੈ ਵਾਸੈ ਭਉਜਲੁ ਪਾਰਿ ਪਰਲਾ॥੧॥ਰਹਾਉ॥		Gur Kirapaa Thae Hiradhai Vaasai Bhoujal Paar Paralaa ||1|| Rehaao ||	By Guru's Grace, it shall be enshrined within your heart, and you shall cross over the terrifying world-ocean. ||1||Pause||	(ਜਿਸ ਮਨੁੱਖ ਦੇ) ਹਿਰਦੇ ਵਿਚ ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਦਾ ਨਾਮ) ਆ ਵੱਸਦਾ ਹੈ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ ॥੧॥ ਰਹਾਉ ॥
38099	891	ਨਾਮੁ ਨਿਧਾਨੁ ਧਿਆਇ ਮਨ ਅਟਲ॥	ਅ-ਟਲ	Naam Nidhhaan Dhhiaae Man Attal ||	Meditate on the eternal treasure of the Naam, the Name of the Lord, O mind,	ਹੇ ਮਨ! ਪਰਮਾਤਮਾ ਦਾ ਨਾਮ ਕਦੇ ਨਾਹ ਮੁੱਕਣ ਵਾਲਾ ਖ਼ਜ਼ਾਨਾ ਹੈ, ਇਸ ਨੂੰ ਸਿਮਰਦਾ ਰਹੁ,
38100	891	ਤਾ ਛੂਟਹਿ ਮਾਇਆ ਕੇ ਪਟਲ॥		Thaa Shhoottehi Maaeiaa Kae Pattal ||	And then, the screen of Maya shall be torn away.	ਤਦੋਂ ਹੀ ਤੇਰੇ ਮਾਇਆ (ਦੇ ਮੋਹ) ਦੇ ਪੜਦੇ ਪਾਟਣਗੇ।
38101	891	ਗੁਰ ਕਾ ਸਬਦੁ ਅੰਮ੍ਰਿਤ ਰਸੁ ਪੀਉ॥		Gur Kaa Sabadh Anmrith Ras Peeo ||	Drink in the Ambrosial Nectar of the Guru's Shabad,	ਹੇ ਮਨ! ਗੁਰੂ ਦਾ ਸ਼ਬਦ ਆਤਮਕ ਜੀਵਨ ਦੇਣ ਵਾਲਾ ਰਸ ਹੈ, ਇਸ ਨੂੰ ਪੀਂਦਾ ਰਹੁ,
38102	891	ਤਾ ਤੇਰਾ ਹੋਇ ਨਿਰਮਲ ਜੀਉ॥੨॥		Thaa Thaeraa Hoe Niramal Jeeo ||2||	And then your soul shall be rendered immaculate and pure. ||2||	ਤਦੋਂ ਹੀ ਤੇਰੀ ਜਿੰਦ ਪਵਿੱਤ੍ਰ ਹੋਵੇਗੀ ॥੨॥
38103	891	ਸੋਧਤ ਸੋਧਤ ਸੋਧਿ ਬੀਚਾਰਾ॥		Sodhhath Sodhhath Sodhh Beechaaraa ||	Searching, searching, searching, I have realized	ਹੇ ਮਨ! ਅਸਾਂ ਬਹੁਤ ਵਿਚਾਰ ਵਿਚਾਰ ਕੇ ਇਹ ਸਿੱਟਾ ਕੱਢਿਆ ਹੈ,

38104	891	ਬਿਨੁ ਹਰਿ ਭਗਤਿ ਨਹੀ ਛੁਟਕਾਰਾ॥		Bin Har Bhagath Nehee Shhuttakaaraa ||	That without devotional worship of the Lord, no one is saved.	ਕਿ ਪਰਮਾਤਮਾ ਦੀ ਭਗਤੀ ਤੋਂ ਬਿਨਾ (ਮਾਇਆ ਦੇ ਮੋਹ ਤੋਂ) ਖ਼ਲਾਸੀ ਨਹੀਂ ਹੋ ਸਕਦੀ।
38105	891	ਸੋ ਹਰਿ ਭਜਨੁ ਸਾਧ ਕੈ ਸੰਗਿ॥		So Har Bhajan Saadhh Kai Sang ||	So vibrate, and meditate on that Lord in the Saadh Sangat, the Company of the Holy;	ਪ੍ਰਭੂ ਦੀ ਉਹ ਭਗਤੀ ਗੁਰੂ ਦੀ ਸੰਗਤਿ ਵਿਚ (ਪ੍ਰਾਪਤ ਹੁੰਦੀ ਹੈ।
38106	891	ਮਨੁ ਤਨੁ ਰਾਪੈ ਹਰਿ ਕੈ ਰੰਗਿ॥੩॥		Man Than Raapai Har Kai Rang ||3||	Your mind and body shall be imbued with love for the Lord. ||3||	ਜਿਸ ਨੂੰ ਪ੍ਰਾਪਤੀ ਹੁੰਦੀ ਹੈ, ਉਸ ਦਾ) ਮਨ ਅਤੇ ਤਨ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਜਾਂਦਾ ਹੈ ॥੩॥
38107	891	ਛੋਡਿ ਸਿਆਣਪ ਬਹੁ ਚਤੁਰਾਈ॥		Shhodd Siaanap Bahu Chathuraaee ||	Renounce all your cleverness and trickery.	ਹੇ ਮਨ! (ਆਪਣੀ) ਸਿਆਣਪ ਅਤੇ ਬਹੁਤੀ ਚਤੁਰਾਈ ਛੱਡ ਦੇ।
38108	891	ਮਨ ਬਿਨੁ ਹਰਿ ਨਾਵੈ ਜਾਇ ਨ ਕਾਈ॥		Man Bin Har Naavai Jaae N Kaaee ||	O mind, without the Lord's Name, there is no place of rest.	(ਜਿਵੇਂ ਜਾਲੇ ਦੇ ਕਾਰਨ ਭੁਇਂ ਵਿਚ ਪਾਣੀ ਜੀਊਰਦਾ ਨਹੀਂ, ਇਸੇ ਤਰ੍ਹਾਂ ਹਉਮੈ ਦੇ ਕਾਰਨ ਗੁਰੂ ਦੇ ਉਪਦੇਸ਼ ਦਾ ਅਸਰ ਨਹੀਂ ਹੁੰਦਾ), ਪਰਮਾਤਮਾ ਦੇ ਨਾਮ ਤੋਂ ਬਿਨਾ ਇਹ ਜਾਲਾ ਦੂਰ ਨਹੀਂ ਹੁੰਦਾ।
38109	891	ਦਇਆ ਧਾਰੀ ਗੋਵਿਦ ਗੁਸਾਈ॥		Dhaeiaa Dhhaaree Govidh Guosaaee ||	The Lord of the Universe, the Lord of the World, has taken pity on me.	ਜਿਸ ਮਨੁੱਖ ਉਤੇ ਧਰਤੀ ਦਾ ਖਸਮ ਪ੍ਰਭੂ ਦਇਆ ਕਰਦਾ ਹੈ,

38110	891	ਹਰਿ ਹਰਿ ਨਾਨਕ ਟੇਕ ਟਿਕਾਈ॥੪॥੧੬॥੨੭॥		Har Har Naanak Ttaek Ttikaaee ||4||16||27||	Nanak seeks the protection and support of the Lord, Har, Har. ||4||16||27||	ਹੇ ਨਾਨਕ! (ਆਖ-) ਉਹ ਮਨੁੱਖ ਪਰਮਾਤਮਾ ਦੇ ਨਾਮ ਦਾ ਆਸਰਾ ਲੈਂਦਾ ਹੈ ॥੪॥੧੬॥੨੭॥
38111	891	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38112	891	ਸੰਤ ਕੈ ਸੰਗਿ ਰਾਮ ਰੰਗ ਕੇਲ॥		Santh Kai Sang Raam Rang Kael ||	In the Saints' Congregation play joyfully with the Lord	ਹੇ ਪੰਡਿਤ! ਗੁਰੂ ਦੀ ਸੰਗਤਿ ਵਿਚ ਰਹਿ ਕੇ ਪਰਮਾਤਮਾ ਦੇ ਪ੍ਰੇਮ ਦੀ ਖੇਡ ਖੇਡਿਆ ਕਰ,
38113	891	ਆਗੈ ਜਮ ਸਿਉ ਹੋਇ ਨ ਮੇਲ॥		Aagai Jam Sio Hoe N Mael ||	And you will not have to meet the Messenger of Death hereafter.	ਅਗਾਂਹ ਪਰਲੋਕ ਵਿਚ ਤੈਨੂੰ ਜਮਾਂ ਨਾਲ ਵਾਹ ਨਹੀਂ ਪਏਗਾ।
38114	891	ਅਹੰਬੁਧਿ ਕਾ ਭਇਆ ਬਿਨਾਸ॥	ਅਹੰ-ਬੁਧਿ	Ahanbudhh Kaa Bhaeiaa Binaas ||	Your egotistical intellect shall be dispelled,	(ਜਿਹੜਾ ਮਨੁੱਖ ਇਹ ਉੱਦਮ ਕਰਦਾ ਹੈ ਉਸ ਦੀ) ਹਉਮੈ ਵਾਲੀ ਅਕਲ ਦਾ ਨਾਸ ਹੋ ਜਾਂਦਾ ਹੈ,
38115	891	ਦੁਰਮਤਿ ਹੋਈ ਸਗਲੀ ਨਾਸ॥੧॥		Dhuramath Hoee Sagalee Naas ||1||	And your evil-mindedness will be totally taken away. ||1||	ਉਸ ਦੇ ਅੰਦਰੋਂ ਖੋਟੀ ਮਤਿ ਸਾਰੀ ਮੁੱਕ ਜਾਂਦੀ ਹੈ ॥੧॥
38116	891	ਰਾਮ ਨਾਮ ਗੁਣ ਗਾਇ ਪੰਡਿਤ॥		Raam Naam Gun Gaae Panddith ||	Sing the Glorious Praises of the Lord's Name, O Pandit.	ਹੇ ਪੰਡਿਤ! ਪਰਮਾਤਮਾ ਦਾ ਨਾਮ (ਜਪਿਆ ਕਰ, ਪਰਮਾਤਮਾ ਦੇ) ਗੁਣ ਗਾਇਆ ਕਰ,

38117	891	ਕਰਮ ਕਾਂਡ ਅਹੰਕਾਰੁ ਨ ਕਾਜੈ ਕੁਸਲ ਸੇਤੀ ਘਰਿ ਜਾਹਿ ਪੰਡਿਤ॥੧॥ਰਹਾਉ॥	ਅਹੰ-ਕਾਰੁ	Karam Kaandd Ahankaar N Kaajai Kusal Saethee Ghar Jaahi Panddith ||1|| Rehaao ||	Religious rituals and egotism are of no use at all. You shall go home with happiness, O Pandit. ||1||Pause||	ਹੇ ਪੰਡਿਤ! ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ ਧਾਰਮਿਕ ਕੰਮਾਂ ਦੇ ਸਿਲਸਿਲੇ ਦਾ ਅਹੰਕਾਰ ਤੇਰੇ ਕਿਸੇ ਕੰਮ ਨਹੀਂ ਆਵੇਗਾ। (ਇਸ ਤਰ੍ਹਾਂ) ਤੂੰ ਆਨੰਦ ਨਾਲ (ਜੀਵਨ ਬਤੀਤ ਕਰਦਾ ਪ੍ਰਭੂ-ਚਰਨਾਂ ਵਾਲੇ ਅਸਲ) ਘਰ ਵਿਚ ਜਾ ਪਹੁੰਚੇਂਗਾ ॥੧॥ ਰਹਾਉ ॥
38118	891	ਹਰਿ ਕਾ ਜਸੁ ਨਿਧਿ ਲੀਆ ਲਾਭ॥		Har Kaa Jas Nidhh Leeaa Laabh ||	I have earned the profit, the wealth of the Lord's praise.	ਹੇ ਪੰਡਿਤ! ਜਿਸ ਮਨੁੱਖ ਨੇ ਪਰਮਾਤਮਾ ਦੀ ਸਿਫ਼ਤਿ-ਸਾਲਾਹ (ਦਾ) ਖ਼ਜ਼ਾਨਾ ਲੱਭ ਲਿਆ,
38119	891	ਪੂਰਨ ਭਏ ਮਨੋਰਥ ਸਾਭ॥		Pooran Bheae Manorathh Saabh ||	All my hopes have been fulfilled.	ਉਸ ਦੇ ਸਾਰੇ ਮਨੋਰਥ ਪੂਰੇ ਹੋ ਗਏ,
38120	891	ਦੁਖੁ ਨਾਠਾ ਸੁਖੁ ਘਰ ਮਹਿ ਆਇਆ॥		Dhukh Naathaa Sukh Ghar Mehi Aaeiaa ||	Pain has left me, and peace has come to my home.	ਉਸ ਦਾ (ਸਾਰਾ) ਦੁੱਖ ਦੂਰ ਹੋ ਗਿਆ ਉਸ ਦੇ ਹਿਰਦੇ-ਘਰ ਵਿਚ ਸੁਖ ਆ ਵੱਸਿਆ,
38121	891	ਸੰਤ ਪ੍ਰਸਾਦਿ ਕਮਲੁ ਬਿਗਸਾਇਆ॥੨॥		Santh Prasaadh Kamal Bigasaaeiaa ||2||	By the Grace of the Saints, my heart-lotus blossoms forth. ||2||	ਸੰਤ-ਗੁਰੂ ਦੀ ਕਿਰਪਾ ਨਾਲ ਉਸ ਦੇ ਹਿਰਦੇ ਦਾ ਕੌਲ-ਫੁੱਲ ਖਿੜ ਪਿਆ ॥੨॥

38122	891	ਨਾਮ ਰਤਨੁ ਜਿਨਿ ਪਾਇਆ ਦਾਨੁ॥		Naam Rathan Jin Paaeiaa Dhaan ||	One who is blessed with the gift of the jewel of the Name,	(ਹੇ ਪੰਡਿਤ! ਤੂੰ ਜਜਮਾਨਾਂ ਪਾਸੋਂ ਦਾਨ ਮੰਗਦਾ ਫਿਰਦਾ ਹੈਂ, ਪਰ) ਜਿਸ ਮਨੁੱਖ ਨੇ (ਗੁਰੂ ਪਾਸੋਂ) ਪਰਮਾਤਮਾ ਦਾ ਨਾਮ-ਰਤਨ ਦਾਨ ਪ੍ਰਾਪਤ ਕਰ ਲਿਆ,
38123	891	ਤਿਸੁ ਜਨ ਹੋਏ ਸਗਲ ਨਿਧਾਨ॥		This Jan Hoeae Sagal Nidhhaan ||	Obtains all treasures.	ਉਸ ਨੂੰ (ਮਾਨੋ) ਸਾਰੇ ਹੀ ਖ਼ਜ਼ਾਨੇ ਮਿਲ ਗਏ।
38124	891	ਸੰਤੋਖੁ ਆਇਆ ਮਨਿ ਪੂਰਾ ਪਾਇ॥		Santhokh Aaeiaa Man Pooraa Paae ||	His mind becomes content, finding the Perfect Lord.	ਮਨ ਵਿਚ ਪੂਰਨ ਪ੍ਰਭੂ ਨੂੰ ਪ੍ਰਾਪਤ ਕਰ ਕੇ ਉਸ ਦੇ ਅੰਦਰ ਸੰਤੋਖ ਪੈਦਾ ਹੋ ਗਿਆ।
38125	891	ਫਿਰਿ ਫਿਰਿ ਮਾਗਨ ਕਾਹੇ ਜਾਇ॥੩॥		Fir Fir Maagan Kaahae Jaae ||3||	Why should he ever go begging again? ||3||	ਫਿਰ ਉਹ ਮੁੜ ਮੁੜ (ਜਜਮਾਨਾਂ ਪਾਸੋਂ) ਕਿਉਂ ਮੰਗਣ ਜਾਇਗਾ? ॥੩॥
38126	891	ਹਰਿ ਕੀ ਕਥਾ ਸੁਨਤ ਪਵਿਤ॥		Har Kee Kathhaa Sunath Pavith ||	Hearing the Lord's sermon, he becomes pure and holy.	(ਹੇ ਪੰਡਿਤ!) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਸੁਣਦਿਆਂ (ਜੀਵਨ) ਪਵਿੱਤਰ ਹੋ ਜਾਂਦਾ ਹੈ,
38127	891	ਜਿਹਵਾ ਬਕਤ ਪਾਈ ਗਤਿ ਮਤਿ॥	ਬਕ-ਤ:ਪੋਲਾ ਬੋਲੋ	Jihavaa Bakath Paaee Gath Math ||	Chanting it with his tongue, he finds the way to salvation.	ਜੀਭ ਨਾਲ ਉਚਾਰਦਿਆਂ ਉੱਚੀ ਆਤਮਕ ਅਵਸਥਾ ਅਤੇ (ਸੁਚੱਜੀ) ਅਕਲ ਪ੍ਰਾਪਤ ਹੋ ਜਾਂਦੀ ਹੈ।

38128	891	ਸੋ ਪਰਵਾਣੁ ਜਿਸੁ ਰਿਦੈ ਵਸਾਈ॥		So Paravaan Jis Ridhai Vasaaee ||	He alone is approved, who enshrines the Lord within his heart.	ਹੇ ਪੰਡਿਤ! ਜਿਸ ਮਨੁੱਖ ਦੇ ਹਿਰਦੇ ਵਿਚ (ਗੁਰੂ ਪਰਮਾਤਮਾ ਦੀ ਸਿਫ਼ਤਿ-ਸਾਲਾਹ) ਵਸਾ ਦੇਂਦਾ ਹੈ ਉਹ ਮਨੁੱਖ (ਪਰਮਾਤਮਾ ਦੇ ਦਰ ਤੇ) ਕਬੂਲ ਹੋ ਜਾਂਦਾ ਹੈ।
38129	891	ਨਾਨਕ ਤੇ ਜਨ ਊਤਮ ਭਾਈ॥੪॥੧੭॥੨੮॥		Naanak Thae Jan Ootham Bhaaee ||4||17||28||	Nanak: such a humble being is exalted, O Siblings of Destiny. ||4||17||28||	ਹੇ ਨਾਨਕ! (ਆਖ-) ਹੇ ਭਾਈ! ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਨ ਵਾਲੇ ਉਹ ਬੰਦੇ ਉੱਚੇ ਜੀਵਨ ਵਾਲੇ ਬਣ ਜਾਂਦੇ ਹਨ ॥੪॥੧੭॥੨੮॥
38130	891	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38131	891	ਗਹੁ ਕਰਿ ਪਕਰੀ ਨ ਆਈ ਹਾਥਿ॥		Gahu Kar Pakaree N Aaee Haathh ||	No matter how hard you try to grab it, it does not come into your hands.	(ਹੇ ਸੰਤ ਜਨੋ! ਜਿਸ ਮਨੁੱਖ ਨੇ ਇਸ ਮਾਇਆ ਨੂੰ) ਬੜੇ ਧਿਆਨ ਨਾਲ ਭੀ ਫੜਿਆ, ਉਸ ਦੇ ਭੀ ਹੱਥ ਵਿਚ ਨਾਹ ਆਈ।
38132	891	ਪ੍ਰੀਤਿ ਕਰੀ ਚਾਲੀ ਨਹੀ ਸਾਥਿ॥		Preeth Karee Chaalee Nehee Saathh ||	No matter how much you may love it, it does not go along with you.	ਜਿਸ ਨੇ (ਇਸ ਨਾਲ) ਬੜਾ ਪਿਆਰ ਭੀ ਪਾਇਆ, ਉਸ ਦੇ ਨਾਲ ਭੀ ਰਲ ਕੇ ਇਹ ਨਾ ਤੁਰੀ (ਸਾਥ ਨਾਹ ਨਿਬਾਹ ਸਕੀ)।
38133	891	ਕਹੁ ਨਾਨਕ ਜਉ ਤਿਆਗਿ ਦਈ॥		Kahu Naanak Jo Thiaag Dhee ||	Says Nanak, when you abandon it,	ਨਾਨਕ ਆਖਦਾ ਹੈ- ਜਦੋਂ ਕਿਸੇ ਮਨੁੱਖ ਨੇ ਇਸ ਨੂੰ (ਮਨੋਂ) ਛੱਡ ਦਿੱਤਾ,

38134	891	ਤਬ ਓਹ ਚਰਣੀ ਆਇ ਪਈ ॥੧॥		Thab Ouh Charanee Aae Pee ||1||	Then it comes and falls at your feet. ||1||	ਤਦੋਂ ਇਹ ਆ ਕੇ ਉਸ ਦੀ ਚਰਨੀਂ ਪੈ ਗਈ ॥੧॥
38135	891	ਸੁਣਿ ਸੰਤਹੁ ਨਿਰਮਲ ਬੀਚਾਰ॥		Sun Santhahu Niramal Beechaar ||	Listen, O Saints: this is the pure philosophy.	ਹੇ ਸੰਤ ਜਨੋ! ਜੀਵਨ ਨੂੰ ਪਵਿੱਤਰ ਕਰਨ ਵਾਲੀ ਇਹ ਵਿਚਾਰ ਸੁਣੋ-
38136	891	ਰਾਮ ਨਾਮ ਬਿਨੁ ਗਤਿ ਨਹੀ ਕਾਈ ਗੁਰੁ ਪੂਰਾ ਭੇਟਤ ਉਧਾਰ॥੧॥ਰਹਾਉ॥		Raam Naam Bin Gath Nehee Kaaee Gur Pooraa Bhaettath Oudhhaar ||1|| Rehaao ||	Without the Lord's Name, there is no salvation. Meeting with the Perfect Guru, one is saved. ||1||Pause||	ਪਰਮਾਤਮਾ ਦੇ ਨਾਮ ਤੋਂ ਬਿਨਾ ਉੱਚੀ ਆਤਮਕ ਅਵਸਥਾ ਰਤਾ ਭੀ ਨਹੀਂ ਹੁੰਦੀ, (ਪਰ ਨਾਮ ਗੁਰੂ ਪਾਸੋਂ ਮਿਲਦਾ ਹੈ) ਪੂਰਾ ਗੁਰੂ ਮਿਲਿਆਂ (ਮਾਇਆ ਦੇ ਮੋਹ ਤੋਂ ਖ਼ਲਾਸੀ ਹੋ ਕੇ) ਪਾਰ-ਉਤਾਰਾ ਹੋ ਜਾਂਦਾ ਹੈ ॥੧॥ ਰਹਾਉ ॥
38137	892	ਜਬ ਉਸ ਕਉ ਕੋਈ ਦੇਵੈ ਮਾਨੁ॥		Jab Ous Ko Koee Dhaevai Maan ||	When someone tries to appease her,	ਹੇ ਸੰਤ ਜਨੋ! ਜਦੋਂ ਕੋਈ ਮਨੁੱਖ ਉਸ (ਮਾਇਆ) ਨੂੰ ਆਦਰ ਦੇਂਦਾ ਹੈ (ਸਾਂਭ ਸਾਂਭ ਕੇ ਰੱਖਣ ਦਾ ਜਤਨ ਕਰਦਾ ਹੈ)
38138	892	ਤਬ ਆਪਸ ਊਪਰਿ ਰਖੈ ਗੁਮਾਨੁ॥		Thab Aapas Oopar Rakhai Gumaan ||	Then she takes pride in herself.	ਤਦੋਂ ਉਹ ਆਪਣੇ ਉਤੇ ਬੜਾ ਮਾਣ ਕਰਦੀ ਹੈ (ਰੁੱਸ ਰੁੱਸ ਕੇ ਨੱਸ ਜਾਣ ਦਾ ਜਤਨ ਕਰਦੀ ਹੈ)।
38139	892	ਜਬ ਉਸ ਕਉ ਕੋਈ ਮਨਿ ਪਰਹਰੈ॥		Jab Ous Ko Koee Man Pareharai ||	But when someone puts her out of his thoughts,	ਪਰ ਜਦੋਂ ਕੋਈ ਮਨੁੱਖ ਉਸ ਨੂੰ ਆਪਣੇ ਮਨ ਤੋਂ ਲਾਹ ਦੇਂਦਾ ਹੈ,

38140	892	ਤਬ ਓਹ ਸੇਵਕਿ ਸੇਵਾ ਕਰੈ॥੨॥		Thab Ouh Saevak Saevaa Karai ||2||	Then she serves him like a slave. ||2||	ਤਦੋਂ ਉਹ ਉਸ ਦੀ ਦਾਸੀ ਬਣ ਕੇ ਸੇਵਾ ਕਰਦੀ ਹੈ ॥੨॥
38141	892	ਮੁਖਿ ਬੇਰਾਵੈ ਅੰਤਿ ਠਗਾਵੈ॥		Mukh Baeraavai Anth Thagaavai ||	She seems to please, but in the end, she deceives.	ਹੇ ਸੰਤ ਜਨੋ! (ਉਹ ਮਾਇਆ ਹਰੇਕ ਪ੍ਰਾਣੀ ਨੂੰ) ਮੂੰਹ ਨਾਲ ਪਰਚਾਂਦੀ ਹੈ, ਪਰ ਆਖ਼ਰ ਧੋਖਾ ਦੇ ਜਾਂਦੀ ਹੈ;
38142	892	ਇਕਤੁ ਠਉਰ ਓਹ ਕਹੀ ਨ ਸਮਾਵੈ॥	(ਕਹੀ)ਕਿਤੇ। ਕਹੀਂ, ਇੱਕ-ਤੁ	Eikath Thour Ouh Kehee N Samaavai ||	She does not remain in any one place.	ਕਿਸੇ ਇੱਕ ਥਾਂ ਤੇ ਉਹ ਕਦੇ ਭੀ ਨਹੀਂ ਟਿਕਦੀ।
38143	892	ਉਨਿ ਮੋਹੇ ਬਹੁਤੇ ਬ੍ਰਹਮੰਡ॥		Oun Mohae Bahuthae Brehamandd ||	She has bewitched a great many worlds.	ਉਸ ਮਾਇਆ ਨੇ ਅਨੇਕਾਂ ਬ੍ਰਹਮੰਡਾਂ (ਦੇ ਜੀਵਾਂ) ਨੂੰ ਆਪਣੇ ਮੋਹ ਵਿਚ ਫਸਾਇਆ ਹੋਇਆ ਹੈ।
38144	892	ਰਾਮ ਜਨੀ ਕੀਨੀ ਖੰਡ ਖੰਡ॥੩॥		Raam Janee Keenee Khandd Khandd ||3||	The Lord's humble servants cut her apart into pieces. ||3||	ਪਰ ਸੰਤ ਜਨਾਂ ਨੇ (ਉਸ ਦੇ ਮੋਹ ਨੂੰ) ਟੋਟੇ ਟੋਟੇ ਕਰ ਦਿੱਤਾ ਹੈ ॥੩॥
38145	892	ਜੋ ਮਾਗੈ ਸੋ ਭੂਖਾ ਰਹੈ॥		Jo Maagai So Bhookhaa Rehai ||	Whoever begs from her remains hungry.	ਹੇ ਸੰਤ ਜਨੋ! ਜਿਹੜਾ ਮਨੁੱਖ (ਹਰ ਵੇਲੇ ਮਾਇਆ ਦੀ ਮੰਗ ਹੀ) ਮੰਗਦਾ ਰਹਿੰਦਾ ਹੈ, ਉਹ ਨਹੀਂ ਰੱਜਦਾ (ਉਸ ਦੀ ਤ੍ਰਿਸ਼ਨਾ ਕਦੇ ਨਹੀਂ ਮੁੱਕਦੀ)।
38146	892	ਇਸੁ ਸੰਗਿ ਰਾਚੈ ਸੁ ਕਛੂ ਨ ਲਹੈ॥		Eis Sang Raachai S Kashhoo N Lehai ||	Whoever is infatuated with her obtains nothing.	ਜਿਹੜਾ ਮਨੁੱਖ ਇਸ ਮਾਇਆ (ਦੇ ਮੋਹ) ਵਿਚ ਹੀ ਮਸਤ ਰਹਿੰਦਾ ਹੈ, ਉਸ ਨੂੰ (ਆਤਮਕ ਜੀਵਨ ਦੇ ਧਨ ਵਿਚੋਂ) ਕੁਝ ਨਹੀਂ ਮਿਲਦਾ।

38147	892	ਇਸਹਿ ਤਿਆਗਿ ਸਤਸੰਗਤਿ ਕਰੈ॥		Eisehi Thiaag Sathasangath Karai ||	But one who renounces her, and joins the Society of the Saints,	ਇਸ (ਮਾਇਆ ਦੇ ਮੋਹ) ਨੂੰ ਛੱਡ ਕੇ ਜਿਹੜਾ ਮਨੁੱਖ ਭਲਿਆਂ ਦੀ ਸੰਗਤਿ ਕਰਦਾ ਹੈ,
38148	892	ਵਡਭਾਗੀ ਨਾਨਕ ਓਹੁ ਤਰੈ॥੪॥੧੮॥੨੯॥		Vaddabhaagee Naanak Ouhu Tharai ||4||18||29||	By great good fortune, O Nanak, is saved. ||4||18||29||	ਪਰ ਹੇ ਨਾਨਕ! ਉਹ ਵੱਡੇ ਭਾਗਾਂ ਵਾਲਾ ਮਨੁੱਖ (ਮਾਇਆ ਦੇ ਮੋਹ ਦੀਆਂ ਠਿਲ੍ਹਾਂ ਤੋਂ) ਪਾਰ ਲੰਘ ਜਾਂਦਾ ਹੈ ॥੪॥੧੮॥੨੯॥
38149	892	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38150	892	ਆਤਮ ਰਾਮੁ ਸਰਬ ਮਹਿ ਪੇਖੁ॥		Aatham Raam Sarab Mehi Paekh ||	See the Lord, the Universal Soul, in all.	(ਹੇ ਭਾਈ!) ਸਰਬ-ਵਿਆਪਕ ਪਰਮਾਤਮਾ ਨੂੰ ਸਭ ਜੀਵਾਂ ਵਿਚ (ਵੱਸਦਾ) ਵੇਖ।
38151	892	ਪੂਰਨ ਪੂਰਿ ਰਹਿਆ ਪ੍ਰਭ ਏਕੁ॥		Pooran Poor Rehiaa Prabh Eaek ||	The One God is perfect, and all-pervading.	ਇਕ ਪਰਮਾਤਮਾ ਹੀ ਪੂਰਨ ਤੌਰ ਤੇ ਸਭ ਵਿਚ ਮੌਜੂਦ ਹੈ।
38152	892	ਰਤਨੁ ਅਮੋਲੁ ਰਿਦੇ ਮਹਿ ਜਾਨੁ॥		Rathan Amol Ridhae Mehi Jaan ||	Know that the priceless jewel is within your own heart.	ਹੇ ਭਾਈ! ਹਰਿ-ਨਾਮ ਇਕ ਐਸਾ ਰਤਨ ਹੈ ਜਿਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ, ਉਹ ਰਤਨ ਤੇਰੇ ਹਿਰਦੇ ਵਿਚ ਵੱਸ ਰਿਹਾ ਹੈ, ਉਸ ਨਾਲ ਸਾਂਝ ਪਾ।

38153	892	ਅਪਨੀ ਵਸਤੁ ਤੂ ਆਪਿ ਪਛਾਨੁ॥੧॥		Apanee Vasath Thoo Aap Pashhaan ||1||	Realize that your essence is within your own self. ||1||	(ਦੁਨੀਆ ਦੇ ਸਾਰੇ ਪਦਾਰਥ ਬਿਗਾਨੇ ਹੋ ਜਾਂਦੇ ਹਨ, ਇਹ ਹਰਿ-ਨਾਮ ਹੀ) ਤੇਰੀ ਆਪਣੀ ਚੀਜ਼ ਹੈ, ਤੂੰ ਆਪ ਇਸ ਚੀਜ਼ ਨੂੰ ਪਛਾਣ ॥੧॥
38154	892	ਪੀ ਅੰਮ੍ਰਿਤੁ ਸੰਤਨ ਪਰਸਾਦਿ॥		Pee Anmrith Santhan Parasaadh ||	Drink in the Ambrosial Nectar, by the Grace of the Saints.	(ਹੇ ਭਾਈ! ਸੰਤ ਜਨਾਂ ਦੀ ਸੰਗਤਿ ਵਿਚ ਟਿਕਿਆ ਰਹੁ, ਤੇ) ਸੰਤ-ਜਨਾਂ ਦੀ ਮਿਹਰ ਨਾਲ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਆ ਕਰ।
38155	892	ਵਡੇਭਾਗ ਹੋਵਹਿ ਤਉ ਪਾਈਐ ਬਿਨੁ ਜਿਹਵਾ ਕਿਆ ਜਾਣੈ ਸੁਆਦੁ॥੧॥ਰਹਾਉ॥		Vaddae Bhaag Hovehi Tho Paaeeai Bin Jihavaa Kiaa Jaanai Suaadh ||1|| Rehaao ||	One who is blessed with high destiny, obtains it. Without a tongue, how can one know the taste? ||1||Pause||	ਪਰ ਇਹ ਅੰਮ੍ਰਿਤ ਤਦੋਂ ਹੀ ਮਿਲਦਾ ਹੈ ਜੇ (ਮਨੁੱਖ ਦੇ) ਵੱਡੇ ਭਾਗ ਹੋਣ। ਇਸ ਨਾਮ ਨੂੰ ਜੀਭ ਨਾਲ ਜਪਣ ਤੋਂ ਬਿਨਾ ਕੋਈ (ਇਸ ਨਾਮ-ਅੰਮ੍ਰਿਤ ਦਾ) ਕੀਹ ਸੁਆਦ ਜਾਣ ਸਕਦਾ ਹੈ? ॥੧॥ ਰਹਾਉ ॥
38156	892	ਅਠ ਦਸ ਬੇਦ ਸੁਨੇ ਕਹ ਡੋਰਾ॥	ਦਸ:ਪੋਲਾ ਬੋਲੋ। (ਡੋਰਾ)ਬੋਲ਼ਾ, ਕਹਕਿਵੇਂ	Ath Dhas Baedh Sunae Keh Ddoraa ||	How can a deaf person listen to the eighteen Puraanas and the Vedas?	(ਪਰ ਹੇ ਭਾਈ!) ਬੋਲਾ ਮਨੁੱਖ ਅਠਾਰਾਂ ਪੁਰਾਣ ਤੇ ਚਾਰ ਵੇਦ ਕਿਵੇਂ ਸੁਣ ਸਕਦਾ ਹੈ?
38157	892	ਕੋਟਿ ਪ੍ਰਗਾਸ ਨ ਦਿਸੈ ਅੰਧੇਰਾ॥		Kott Pragaas N Dhisai Andhhaeraa ||	The blind man cannot see even a million lights.	ਅੰਨ੍ਹੇ ਮਨੁੱਖ ਨੂੰ ਕ੍ਰੋੜਾਂ ਸੂਰਜਾਂ ਦਾ ਭੀ ਚਾਨਣ ਨਹੀਂ ਦਿੱਸਦਾ।
38158	892	ਪਸੂ ਪਰੀਤਿ ਘਾਸ ਸੰਗਿ ਰਚੈ॥		Pasoo Pareeth Ghaas Sang Rachai ||	The beast loves grass, and remains attached to it.	ਪਸ਼ੂ ਦਾ ਪਿਆਰ ਘਾਹ ਨਾਲ ਹੀ ਹੁੰਦਾ ਹੈ, ਪਸ਼ੂ ਘਾਹ ਨਾਲ ਹੀ ਖ਼ੁਸ਼ ਰਹਿੰਦਾ ਹੈ।

38159	892	ਜਿਸੁ ਨਹੀ ਬੁਝਾਵੈ ਸੋ ਕਿਤੁ ਬਿਧਿ ਬੁਝੈ॥੨॥	ਬੁੱਝਾਵੈ।ਬੁੱਝੈ	Jis Nehee Bujhaavai So Kith Bidhh Bujhai ||2||	One who has not been taught - how can he understand? ||2||	(ਜੀਵ ਮਾਇਆ ਦੇ ਮੋਹ ਵਿਚ ਪੈ ਕੇ ਬੋਲਾ ਅੰਨ੍ਹਾ ਹੋਇਆ ਰਹਿੰਦਾ ਹੈ, ਪਸ਼ੂ ਸਮਾਨ ਹੋ ਜਾਂਦਾ ਹੈ, ਇਸ ਨੂੰ ਆਪਣੇ ਆਪ ਹਰਿ-ਨਾਮ ਅੰਮ੍ਰਿਤ ਦੀ ਸੂਝ ਨਹੀਂ ਪੈ ਸਕਦੀ, ਤੇ) ਜਿਸ ਮਨੁੱਖ ਨੂੰ ਪਰਮਾਤਮਾ ਆਪ ਸਮਝ ਨਾਹ ਬਖ਼ਸ਼ੇ, ਉਹ ਕਿਸੇ ਤਰ੍ਹਾਂ ਭੀ ਸਮਝ ਨਹੀਂ ਸਕਦਾ ॥੨॥
38160	892	ਜਾਨਣਹਾਰੁ ਰਹਿਆ ਪ੍ਰਭੁ ਜਾਨਿ॥		Jaananehaar Rehiaa Prabh Jaan ||	God, the Knower, knows all.	ਹੇ ਭਾਈ! ਸਭ ਦੇ ਦਿਲ ਦੀ ਜਾਣਨ ਵਾਲਾ ਪਰਮਾਤਮਾ ਸਦਾ ਹਰੇਕ ਦੇ ਦਿਲ ਦੀ ਜਾਣਦਾ ਹੈ।
38161	892	ਓਤਿ ਪੋਤਿ ਭਗਤਨ ਸੰਗਾਨਿ॥		Outh Poth Bhagathan Sangaan ||	He is with His devotees, through and through.	ਉਹ ਆਪਣੇ ਭਗਤਾਂ ਨਾਲ ਇਉਂ ਮਿਲਿਆ ਰਹਿੰਦਾ ਹੈ ਜਿਵੇਂ ਤਾਣਾ ਪੇਟਾ।
38162	892	ਬਿਗਸਿ ਬਿਗਸਿ ਅਪੁਨਾ ਪ੍ਰਭੁ ਗਾਵਹਿ॥	ਬਿਗ-ਸਿ	Bigas Bigas Apunaa Prabh Gaavehi ||	Those who sing God's Praises with joy and delight,	ਜਿਹੜੇ ਮਨੁੱਖ ਖ਼ੁਸ਼ ਹੋ ਹੋ ਕੇ ਆਪਣੇ ਪ੍ਰਭੂ (ਦੇ ਗੁਣਾਂ) ਨੂੰ ਗਾਂਦੇ ਰਹਿੰਦੇ ਹਨ,
38163	892	ਨਾਨਕ ਤਿਨ ਜਮ ਨੇੜਿ ਨ ਆਵਹਿ॥੩॥੧੯॥੩੦॥		Naanak Thin Jam Naerr N Aavehi ||3||19||30||	O Nanak - the Messenger of Death does not even approach them. ||3||19||30||	ਹੇ ਨਾਨਕ! ਜਮ-ਦੂਤ ਉਹਨਾਂ ਦੇ ਨੇੜੇ ਨਹੀਂ ਆਉਂਦੇ ॥੩॥੧੯॥੩੦॥

38164	892	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38165	892	ਦੀਨੋ ਨਾਮੁ ਕੀਓ ਪਵਿਤੁ॥		Dheeno Naam Keeou Pavith ||	Blessing me with His Name, He has purified and sanctified me.	(ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਨੇ ਪਰਮਾਤਮਾ ਦਾ) ਨਾਮ ਦੇ ਦਿੱਤਾ, (ਉਸ ਦਾ ਜੀਵਨ) ਪਵਿੱਤਰ ਬਣਾ ਦਿੱਤਾ।
38166	892	ਹਰਿ ਧਨੁ ਰਾਸਿ ਨਿਰਾਸ ਇਹ ਬਿਤੁ॥	ਬਿੱਤ	Har Dhhan Raas Niraas Eih Bith ||	The Lord's wealth is my capital. False hope has left me; this is my wealth.	(ਜਿਸ ਨੂੰ ਗੁਰੂ ਨੇ) ਹਰਿ-ਨਾਮ ਧਨ ਸਰਮਾਇਆ (ਬਖ਼ਸ਼ਿਆ, ਦੁਨੀਆ ਵਾਲਾ) ਇਹ ਧਨ (ਵੇਖ ਕੇ), ਉਹ (ਇਸ ਵਲੋਂ) ਉਪਰਾਮ-ਚਿੱਤ ਹੀ ਰਹਿੰਦਾ ਹੈ।
38167	892	ਕਾਟੀ ਬੰਧਿ ਹਰਿ ਸੇਵਾ ਲਾਏ॥		Kaattee Bandhh Har Saevaa Laaeae ||	Breaking my bonds, the Lord has linked me to His service.	(ਗੁਰੂ ਨੇ ਜਿਸ ਮਨੁੱਖ ਦੇ ਜੀਵਨ-ਰਾਹ ਵਿਚੋਂ ਮਾਇਆ ਦੇ ਮੋਹ ਦੀ) ਰੁਕਾਵਟ ਕੱਟ ਦਿੱਤੀ, ਉਸ ਨੂੰ ਪਰਮਾਤਮਾ ਦੀ ਭਗਤੀ ਵਿਚ ਜੋੜ ਦਿੱਤਾ,
38168	892	ਹਰਿ ਹਰਿ ਭਗਤਿ ਰਾਮ ਗੁਣ ਗਾਏ॥੧॥		Har Har Bhagath Raam Gun Gaaeae ||1||	I am a devotee of the Lord, Har, Har; I sing the Glorious Praises of the Lord. ||1||	ਉਹ ਮਨੁੱਖ (ਸਦਾ) ਪਰਮਾਤਮਾ ਦੀ ਭਗਤੀ ਕਰਦਾ ਹੈ, (ਸਦਾ) ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੧॥
38169	892	ਬਾਜੇ ਅਨਹਦ ਬਾਜਾ॥		Baajae Anehadh Baajaa ||	The unstruck sound current vibrates and resounds.	(ਹੇ ਭਾਈ! ਉਹਨਾਂ ਦੇ ਅੰਦਰ (ਇਉਂ ਖਿੜਾਉ ਬਣਿਆ ਰਹਿੰਦਾ ਹੈ, ਮਾਨੋ, ਉਹਨਾਂ ਦੇ ਅੰਦਰ) ਇੱਕ-ਰਸ ਵਾਜੇ ਵੱਜ ਰਹੇ ਹਨ।

38170	892	ਰਸਕਿ ਰਸਕਿ ਗੁਣ ਗਾਵਹਿ ਹਰਿ ਜਨ ਅਪਨੈ ਗੁਰਦੇਵਿ ਨਿਵਾਜਾ ॥੧॥ਰਹਾਉ॥		Rasak Rasak Gun Gaavehi Har Jan Apanai Guradhaev Nivaajaa ||1|| Rehaao ||	The Lord's humble servants sing His Glorious Praises with love and delight; they are honored by the Divine Guru. ||1||Pause||	(ਜਿਨ੍ਹਾਂ ਮਨੁੱਖਾਂ ਉਤੇ) ਆਪਣੇ (ਪਿਆਰੇ) ਗੁਰਦੇਵ ਨੇ ਮਿਹਰ ਕੀਤੀ, ਹਰੀ ਦੇ ਉਹ ਸੇਵਕ ਬੜੇ ਆਨੰਦ ਨਾਲ ਹਰੀ ਦੇ ਗੁਣ ਗਾਂਦੇ ਰਹਿੰਦੇ ਹਨ ॥੧॥ ਰਹਾਉ ॥
38171	892	ਆਇ ਬਨਿਓ ਪੂਰਬਲਾ ਭਾਗੁ॥		Aae Baniou Poorabalaa Bhaag ||	My pre-ordained destiny has been activated;	(ਹੇ ਭਾਈ! ਗੁਰੂ ਦੀ ਸੰਗਤਿ ਦੀ ਬਰਕਤਿ ਨਾਲ) ਉਸ ਦਾ ਪਹਿਲੇ ਜਨਮਾਂ ਦਾ ਚੰਗਾ ਭਾਗ ਮਿਲਣ ਦਾ ਸਬੱਬ ਆ ਬਣਦਾ ਹੈ।
38172	892	ਜਨਮ ਜਨਮ ਕਾ ਸੋਇਆ ਜਾਗੁ॥		Janam Janam Kaa Soeiaa Jaag ||	I have awakened from the sleep of countless incarnations.	(ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਕਈ ਜਨਮਾਂ ਦਾ ਸੁੱਤਾ ਹੋਇਆ ਜਾਗ ਪੈਂਦਾ ਹੈ।
38173	892	ਗਈ ਗਿਲਾਨਿ ਸਾਧ ਕੈ ਸੰਗਿ॥		Gee Gilaan Saadhh Kai Sang ||	In the Saadh Sangat, the Company of the Holy, my aversion is gone.	ਗੁਰੂ ਦੀ ਸੰਗਤਿ ਵਿਚ (ਰਿਹਾਂ ਮਨੁੱਖ ਦੇ ਅੰਦਰੋਂ ਦੂਜਿਆਂ ਵਾਸਤੇ) ਨਫ਼ਰਤ ਦੂਰ ਹੋ ਜਾਂਦੀ ਹੈ,
38174	892	ਮਨੁ ਤਨੁ ਰਾਤੋ ਹਰਿ ਕੈ ਰੰਗਿ॥੨॥		Man Than Raatho Har Kai Rang ||2||	My mind and body are imbued with love for the Lord. ||2||	ਮਨੁੱਖ ਦਾ ਮਨ ਤੇ ਤਨ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਜਾਂਦਾ ਹੈ ॥੨॥
38175	892	ਰਾਖੇ ਰਾਖਨਹਾਰ ਦਇਆਲ॥		Raakhae Raakhanehaar Dhaeiaal ||	The Merciful Savior Lord has saved me.	(ਹੇ ਭਾਈ! ਦੁੱਖਾਂ ਤੋਂ) ਬਚਾਣ ਦੀ ਸਮਰੱਥਾ ਵਾਲੇ ਨੇ ਦਇਆ ਦੇ ਸੋਮੇ ਨੇ ਪਰਮਾਤਮਾ ਨੇ ਉਸ ਦੀ ਰੱਖਿਆ ਕੀਤੀ,

38176	892	ਨਾ ਕਿਛੁ ਸੇਵਾ ਨਾ ਕਿਛੁ ਘਾਲ॥		Naa Kishh Saevaa Naa Kishh Ghaal ||	I have no service or work to my credit.	ਉਸ ਦੀ ਕੀਤੀ ਕੋਈ ਸੇਵਾ ਨਹੀਂ ਵੇਖੀ ਕੋਈ ਮਿਹਨਤ ਨਹੀਂ ਵੇਖੀ।
38177	892	ਕਰਿ ਕਿਰਪਾ ਪ੍ਰਭਿ ਕੀਨੀ ਦਇਆ॥		Kar Kirapaa Prabh Keenee Dhaeiaa ||	In His Mercy, God has taken pity on me;	(ਗੁਰੂ ਦੀ ਸੰਗਤਿ ਵਿਚ ਰਿਹਾਂ ਜਿਸ ਮਨੁੱਖ ਉੱਤੇ) ਪ੍ਰਭੂ ਨੇ ਕਿਰਪਾ ਕੀਤੀ, ਦਇਆ ਕੀਤੀ,
38178	892	ਬੂਡਤ ਦੁਖ ਮਹਿ ਕਾਢਿ ਲਇਆ॥੩॥		Booddath Dhukh Mehi Kaadt Laeiaa ||3||	He lifted me up and pulled me out, when I was suffering in pain. ||3||	ਉਸ ਨੂੰ ਦੁੱਖਾਂ ਵਿਚ ਡੁੱਬਦੇ ਨੂੰ (ਪ੍ਰਭੂ ਨੇ ਬਾਹੋਂ ਫੜ ਕੇ) ਬਚਾ ਲਿਆ ॥੩॥
38179	892	ਸੁਣਿ ਸੁਣਿ ਉਪਜਿਓ ਮਨ ਮਹਿ ਚਾਉ॥		Sun Sun Oupajiou Man Mehi Chaao ||	Listening, listening to His Praises, joy has welled up within my mind.	(ਗੁਰੂ ਦੀ ਸੰਗਤਿ ਵਿਚ ਰਹਿ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ) ਮੁੜ ਮੁੜ ਸੁਣ ਕੇ (ਜਿਸ ਮਨੁੱਖ ਦੇ) ਮਨ ਵਿਚ (ਸਿਫ਼ਤਿ-ਸਾਲਾਹ ਕਰਨ ਦਾ) ਚਾਉ ਪੈਦਾ ਹੋ ਗਿਆ,
38180	892	ਆਠ ਪਹਰ ਹਰਿ ਕੇ ਗੁਣ ਗਾਉ॥		Aath Pehar Har Kae Gun Gaao ||	Twenty-four hours a day, I sing the Glorious Praises of the Lord.	ਉਹ ਅੱਠੇ ਪਹਿਰ (ਹਰ ਵੇਲੇ) ਪਰਮਾਤਮਾ ਦੇ ਗੁਣ ਗਾਣ ਲੱਗ ਪਿਆ।
38181	892	ਗਾਵਤ ਗਾਵਤ ਪਰਮਗਤਿ ਪਾਈ॥		Gaavath Gaavath Param Gath Paaee ||	Singing, singing His Praises, I have obtained the supreme status.	(ਗੁਣ) ਗਾਂਦਿਆਂ ਗਾਂਦਿਆਂ ਉਸ ਨੇ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲਈ।

38182	892	ਗੁਰ ਪ੍ਰਸਾਦਿ ਨਾਨਕ ਲਿਵ ਲਾਈ॥੪॥੨੦॥੩੧॥		Gur Prasaadh Naanak Liv Laaee ||4||20||31||	By Guru's Grace, Nanak is lovingly focused on the Lord. ||4||20||31||	ਹੇ ਨਾਨਕ! ਗੁਰੂ ਦੀ ਕਿਰਪਾ ਨਾਲ ਉਸ ਨੇ (ਪ੍ਰਭੂ-ਚਰਨਾਂ ਵਿਚ) ਸੁਰਤ ਜੋੜ ਲਈ ॥੪॥੨੦॥੩੧॥
38183	892	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38184	892	ਕਉਡੀ ਬਦਲੈ ਤਿਆਗੈ ਰਤਨੁ॥		Kouddee Badhalai Thiaagai Rathan ||	In exchange for a shell, he gives up a jewel.	(ਪਰਮਾਤਮਾ ਦਾ ਨਾਮ ਅਮੋਲਕ ਰਤਨ ਹੈ, ਇਸ ਦੇ ਟਾਕਰੇ ਤੇ ਮਾਇਆ ਕੌਡੀ ਦੇ ਤੁੱਲ ਹੈ; ਪਰ ਸਾਕਤ ਮਨੁੱਖ) ਕੌਡੀ ਦੀ ਖ਼ਾਤਰ (ਕੀਮਤੀ) ਰਤਨ ਨੂੰ ਛੱਡ ਦੇਂਦਾ ਹੈ,
38185	892	ਛੋਡਿ ਜਾਇ ਤਾਹੂ ਕਾ ਜਤਨੁ॥		Shhodd Jaae Thaahoo Kaa Jathan ||	He tries to get what he must give up.	ਉਸੇ ਦੀ ਹੀ ਪ੍ਰਾਪਤੀ ਦਾ ਜਤਨ ਕਰਦਾ ਹੈ ਜੋ ਸਾਥ ਛੱਡ ਜਾਂਦੀ ਹੈ।
38186	892	ਸੋ ਸੰਚੈ ਜੋ ਹੋਛੀ ਬਾਤ॥		So Sanchai Jo Hoshhee Baath ||	He collects those things which are worthless.	ਉਸੇ (ਮਾਇਆ) ਨੂੰ ਹੀ ਇਕੱਠੀ ਕਰਦਾ ਰਹਿੰਦਾ ਹੈ ਜਿਸ ਦੀ ਪੁੱਛ-ਪ੍ਰਤੀਤ ਥੋੜ੍ਹੀ ਕੁ ਹੀ ਹੈ;
38187	892	ਮਾਇਆ ਮੋਹਿਆ ਟੇਢਉ ਜਾਤ॥੧॥		Maaeiaa Mohiaa Ttaedto Jaath ||1||	Enticed by Maya, he takes the crooked path. ||1||	ਮਾਇਆ ਦੇ ਮੋਹ ਵਿਚ ਫਸਿਆ ਹੋਇਆ (ਸਾਕਤ) ਆਕੜ ਆਕੜ ਕੇ ਤੁਰਦਾ ਹੈ ॥੧॥
38188	892	ਅਭਾਗੇ ਤੈ ਲਾਜ ਨਾਹੀ॥		Abhaagae Thai Laaj Naahee ||	You unfortunate man - have you no shame?	ਹੇ ਬਦ-ਨਸੀਬ (ਸਾਕਤ)! ਤੈਨੂੰ (ਕਦੇ ਇਹ) ਸ਼ਰਮ ਨਹੀਂ ਆਉਂਦੀ,

38189	892	ਸੁਖਸਾਗਰ ਪੂਰਨ ਪਰਮੇਸਰੁ ਹਰਿ ਨ ਚੇਤਿਓ ਮਨ ਮਾਹੀ॥੧॥ਰਹਾਉ॥		Sukh Saagar Pooran Paramaesar Har N Chaethiou Man Maahee ||1|| Rehaao ||	You do not remember in your mind the ocean of peace, the perfect Transcendent Lord God. ||1||Pause||	ਕਿ ਜਿਹੜਾ ਸਰਬ-ਵਿਆਪਕ ਪਰਮਾਤਮਾ ਸਾਰੇ ਸੁਖਾਂ ਦਾ ਸਮੁੰਦਰ ਹੈ ਉਸ ਨੂੰ ਤੂੰ ਆਪਣੇ ਮਨ ਵਿਚ ਚੇਤੇ ਨਹੀਂ ਕਰਦਾ ॥੧॥ ਰਹਾਉ ॥
38190	892	ਅੰਮ੍ਰਿਤੁ ਕਉਰਾ ਬਿਖਿਆ ਮੀਠੀ॥		Anmrith Kouraa Bikhiaa Meethee ||	Nectar seems bitter to you, and poison is sweet.	(ਹੇ ਭਾਈ!) ਇਸ ਨੂੰ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਕੌੜਾ ਲੱਗਦਾ ਹੈ ਤੇ ਮਾਇਆ ਮਿੱਠੀ ਲੱਗਦੀ ਹੈ।
38191	892	ਸਾਕਤ ਕੀ ਬਿਧਿ ਨੈਨਹੁ ਡੀਠੀ॥		Saakath Kee Bidhh Nainahu Ddeethee ||	Such is your condition, you faithless cynic, which I have seen with my own eyes.	ਰੱਬ ਨਾਲੋਂ ਟੁੱਟੇ ਮਨੁੱਖ ਦੀ (ਇਹ ਭੈੜੀ) ਹਾਲਤ (ਅਸਾਂ) ਅੱਖੀਂ ਵੇਖੀ ਹੈ।
38192	892	ਕੂੜਿ ਕਪਟਿ ਅਹੰਕਾਰਿ ਰੀਝਾਨਾ॥		Koorr Kapatt Ahankaar Reejhaanaa ||	You are fond of falsehood, fraud and egotism.	(ਸਾਕਤ ਸਦਾ) ਨਾਸਵੰਤ ਪਦਾਰਥ ਵਿਚ, ਠੱਗੀ (ਕਰਨ) ਵਿਚ ਅਤੇ ਅਹੰਕਾਰ ਵਿਚ ਖ਼ੁਸ਼ ਰਹਿੰਦਾ ਹੈ।
38193	893	ਨਾਮੁ ਸੁਨਤ ਜਨੁ ਬਿਛੂਅ ਡਸਾਨਾ॥੨॥	(ਜਨੁ)ਮਾਨੋ। ਬਿੱਛੂਅ	Naam Sunath Jan Bishhooa Ddasaanaa ||2||	If you hear the Naam, the Name of the Lord, you feel like you have been stung by a scorpion. ||2||	ਪਰਮਾਤਮਾ ਦਾ ਨਾਮ ਸੁਣਦਿਆਂ ਤਾਂ ਇਉਂ ਹੁੰਦਾ ਹੈ ਜਿਵੇਂ ਇਸ ਨੂੰ ਨੂੰਹਾਂ ਡੰਗ ਮਾਰ ਜਾਂਦਾ ਹੈ ॥੨॥
38194	893	ਮਾਇਆ ਕਾਰਣਿ ਸਦ ਹੀ ਝੂਰੈ॥		Maaeiaa Kaaran Sadh Hee Jhoorai ||	You continually yearn for Maya,	(ਹੇ ਭਾਈ! ਸਾਕਤ ਮਨੁੱਖ) ਸਦਾ ਹੀ ਮਾਇਆ ਦੀ ਖ਼ਾਤਰ ਚਿੰਤਾ-ਫ਼ਿਕਰ ਕਰਦਾ ਰਹਿੰਦਾ ਹੈ,

38195	893	ਮਨਿ ਮੁਖਿ ਕਬਹਿ ਨ ਉਸਤਤਿ ਕਰੈ॥		Man Mukh Kabehi N Ousathath Karai ||	And you never chant the Lord's Praises with your mouth.	ਇਹ ਕਦੇ ਭੀ ਆਪਣੇ ਮਨ ਵਿਚ ਆਪਣੇ ਮੂੰਹ ਨਾਲ ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਹੀਂ ਕਰਦਾ।
38196	893	ਨਿਰਭਉ ਨਿਰੰਕਾਰ ਦਾਤਾਰੁ॥		Nirabho Nirankaar Dhaathaar ||	The Lord is fearless and formless; He is the Great Giver.	ਜਿਹੜਾ ਪਰਮਾਤਮਾ ਸਭ ਦਾਤਾਂ ਦੇਣ ਵਾਲਾ ਹੈ, ਜਿਸ ਨੂੰ ਕਿਸੇ ਦਾ ਡਰ-ਭਉ ਨਹੀਂ ਹੈ, ਜੋ ਸਰੀਰਾਂ ਦੀ ਕੈਦ ਤੋਂ ਪਰੇ ਹੈ,
38197	893	ਤਿਸੁ ਸਿਉ ਪ੍ਰੀਤਿ ਨ ਕਰੈ ਗਵਾਰੁ॥੩॥		This Sio Preeth N Karai Gavaar ||3||	But you do not love Him, you fool! ||3||	ਉਸ ਨਾਲ ਇਹ ਮੂਰਖ ਸਾਕਤ ਕਦੇ ਪਿਆਰ ਨਹੀਂ ਪਾਂਦਾ ॥੩॥
38198	893	ਸਭ ਸਾਹਾ ਸਿਰਿ ਸਾਚਾ ਸਾਹੁ॥		Sabh Saahaa Sir Saachaa Saahu ||	God, the True King, is above the heads of all kings.	(ਹੇ ਪ੍ਰਭੂ!) ਤੂੰ ਸਭ ਸਭ ਸ਼ਾਹਾਂ ਤੋਂ ਵੱਡਾ ਅਤੇ ਸਦਾ ਕਾਇਮ ਰਹਿਣ ਵਾਲਾ ਸ਼ਾਹ ਹੈਂ,
38199	893	ਵੇਮੁਹਤਾਜੁ ਪੂਰਾ ਪਾਤਿਸਾਹੁ॥		Vaemuhathaaj Pooraa Paathisaahu ||	He is the independent, perfect Lord King.	ਤੈਨੂੰ ਕਿਸੇ ਦੀ ਮੁਥਾਜੀ ਨਹੀਂ, ਤੂੰ ਸਭ ਤਾਕਤਾਂ ਦਾ ਮਾਲਕ ਪਾਤਿਸ਼ਾਹ ਹੈਂ।
38200	893	ਮੋਹ ਮਗਨ ਲਪਟਿਓ ਭ੍ਰਮ ਗਿਰਹ॥		Moh Magan Lapattiou Bhram Gireh ||	People are intoxicated by emotional attachment, entangled in doubt and family life.	(ਤੇਰਾ ਪੈਦਾ ਕੀਤਾ ਜੀਵ ਸਦਾ ਮਾਇਆ ਦੇ) ਮੋਹ ਵਿਚ ਡੁੱਬਾ ਹੋਇਆ (ਮਾਇਆ ਨਾਲ ਹੀ) ਚੰਬੜਿਆ ਰਹਿੰਦਾ ਹੈ, (ਇਸ ਦੇ ਮਨ ਵਿਚ) ਭਟਕਣਾ ਦੀ ਗੰਢ ਬੱਝੀ ਰਹਿੰਦੀ ਹੈ।
38201	893	ਨਾਨਕ ਤਰੀਐ ਤੇਰੀ ਮਿਹਰ ॥੪॥੨੧॥੩੨॥		Naanak Thareeai Thaeree Mihar ||4||21||32||	Nanak: they are saved only by Your Mercy, Lord. ||4||21||32||	ਹੇ ਨਾਨਕ! (ਆਖ- ਹੇ ਪ੍ਰਭੂ! ਇਸ ਸੰਸਾਰ-ਸਮੁੰਦਰ ਵਿਚੋਂ) ਤੇਰੀ ਮਿਹਰ ਨਾਲ ਹੀ ਤਰ ਸਕੀਦਾ ਹੈ ॥੪॥੨੧॥੩੨॥

38202	893	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38203	893	ਰੈਣਿ ਦਿਨਸੁ ਜਪਉ ਹਰਿ ਨਾਉ॥		Rain Dhinas Japo Har Naao ||	Night and day, I chant the Lord's Name.	(ਹੇ ਪ੍ਰਭੂ! ਕਿਰਪਾ ਕਰ) ਮੈਂ ਦਿਨ ਰਾਤ ਹਰਿ-ਨਾਮ ਜਪਦਾ ਰਹਾਂ,
38204	893	ਆਗੈ ਦਰਗਹ ਪਾਵਉ ਥਾਉ॥		Aagai Dharageh Paavo Thhaao ||	Hereafter, I shall obtain a seat in the Court of the Lord.	(ਤੇ ਇਸ ਤਰ੍ਹਾਂ) ਪਰਲੋਕ ਵਿਚ ਤੇਰੀ ਹਜ਼ੂਰੀ ਵਿਚ ਥਾਂ ਪ੍ਰਾਪਤ ਕਰ ਲਵਾਂ।
38205	893	ਸਦਾ ਅਨੰਦੁ ਨ ਹੋਵੀ ਸੋਗੁ॥		Sadhaa Anandh N Hovee Sog ||	I am in bliss forever; I have no sorrow.	(ਜਿਹੜਾ ਮਨੁੱਖ ਨਾਮ ਜਪਦਾ ਹੈ, ਉਸ ਨੂੰ) ਸਦਾ ਆਨੰਦ ਬਣਿਆ ਰਹਿੰਦਾ ਹੈ, ਕਦੇ ਉਸ ਨੂੰ ਚਿੰਤਾ ਨਹੀਂ ਵਾਪਰਦੀ;
38206	893	ਕਬਹੂ ਨ ਬਿਆਪੈ ਹਉਮੈ ਰੋਗੁ॥੧॥		Kabehoo N Biaapai Houmai Rog ||1||	The disease of ego never afflicts me. ||1||	ਹਉਮੈ ਦਾ ਰੋਗ ਕਦੇ ਉਸ ਉਤੇ ਆਪਣਾ ਜ਼ੋਰ ਨਹੀਂ ਪਾ ਸਕਦਾ ॥੧॥
38207	893	ਖੋਜਹੁ ਸੰਤਹੁ ਹਰਿ ਬ੍ਰਹਮਗਿਆਨੀ॥		Khojahu Santhahu Har Breham Giaanee ||	O Saints of the Lord, seek out those who know God.	ਪਰਮਾਤਮਾ ਨਾਲ ਡੂੰਘੀ ਸਾਂਝ ਰੱਖਣ ਵਾਲੇ ਹੇ ਸੰਤ ਜਨੋ! ਸਦਾ ਪਰਮਾਤਮਾ ਦੀ ਖੋਜ ਕਰਦੇ ਰਹੋ।

38208	893	ਬਿਸਮਨ ਬਿਸਮ ਭਏ ਬਿਸਮਾਦਾ ਪਰਮਗਤਿ ਪਾਵਹਿ ਹਰਿ ਸਿਮਰਿ ਪਰਾਨੀ॥੧॥ਰਹਾਉ॥		Bisaman Bisam Bheae Bisamaadhaa Param Gath Paavehi Har Simar Paraanee ||1|| Rehaao ||	You shall be wonderstruck with wonder at the wonderful Lord; meditate in remembrance on the Lord, O mortal, and obtain the supreme status. ||1||Pause||	ਹੇ ਪ੍ਰਾਣੀ! (ਸਦਾ) ਪਰਮਾਤਮਾ ਦਾ ਸਿਮਰਨ ਕਰਦਾ ਰਹੁ; (ਸਿਮਰਨ ਦੀ ਬਰਕਤਿ ਨਾਲ) ਬੜੀ ਹੀ ਹੈਰਾਨ ਕਰਨ ਵਾਲੀ ਅਸਚਰਜ ਆਤਮਕ ਅਵਸਥਾ ਬਣ ਜਾਇਗੀ, ਤੂੰ ਸਭ ਤੋਂ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲਏਂਗਾ ॥੧॥ ਰਹਾਉ ॥
38209	893	ਗਨਿ ਮਿਨਿ ਦੇਖਹੁ ਸਗਲ ਬੀਚਾਰਿ॥		Gan Min Dhaekhahu Sagal Beechaar ||	Calculating, measuring, and thinking in every way,	ਹੇ ਸੰਤ ਜਨੋ! ਸਾਰੇ ਗਹੁ ਨਾਲ ਚੰਗੀ ਤਰ੍ਹਾਂ ਵਿਚਾਰ ਕੇ ਵੇਖ ਲਵੋ,
38210	893	ਨਾਮ ਬਿਨਾ ਕੋ ਸਕੈ ਨ ਤਾਰਿ॥		Naam Binaa Ko Sakai N Thaar ||	See that without the Naam, no one can be carried across.	ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਭੀ (ਸੰਸਾਰ-ਸਮੁੰਦਰ ਤੋਂ) ਪਾਰ ਨਹੀਂ ਲੰਘਾ ਸਕਦਾ।
38211	893	ਸਗਲ ਉਪਾਵ ਨ ਚਾਲਹਿ ਸੰਗਿ॥		Sagal Oupaav N Chaalehi Sang ||	Of all your efforts, none will go along with you.	(ਨਾਮ ਤੋਂ ਬਿਨਾ) ਹੋਰ ਸਾਰੇ ਹੀ ਹੀਲੇ (ਮਨੁੱਖ ਦੇ) ਨਾਲ ਨਹੀਂ ਜਾਂਦੇ (ਸਹਾਇਤਾ ਨਹੀਂ ਕਰਦੇ)।
38212	893	ਭਵਜਲੁ ਤਰੀਐ ਪ੍ਰਭ ਕੈ ਰੰਗਿ ॥੨॥		Bhavajal Thareeai Prabh Kai Rang ||2||	You can cross over the terrifying world-ocean only through the love of God. ||2||	ਪ੍ਰਭੂ ਦੇ ਪ੍ਰੇਮ-ਰੰਗ ਵਿਚ ਰਿਹਾਂ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ ॥੨॥

38213	893	ਦੇਹੀ ਧੋਇ ਨ ਉਤਰੈ ਮੈਲੁ॥		Dhaehee Dhhoe N Outharai Mail ||	By merely washing the body, one's filth is not removed.	(ਹੇ ਸੰਤ ਜਨੋ! ਤੀਰਥ ਆਦਿਕਾਂ ਤੇ) ਸਰੀਰ ਨੂੰ ਧੋਤਿਆਂ (ਮਨ ਦੀ ਵਿਕਾਰਾਂ ਵਾਲੀ) ਮੈਲ ਦੂਰ ਨਹੀਂ ਹੁੰਦੀ,
38214	893	ਹਉਮੈ ਬਿਆਪੈ ਦੁਬਿਧਾ ਫੈਲੁ॥		Houmai Biaapai Dhubidhhaa Fail ||	Afflicted by egotism, duality only increases.	(ਸਗੋਂ ਇਹ) ਹਉਮੈ ਆਪਣਾ ਦਬਾਉ ਪਾ ਲੈਂਦੀ ਹੈ (ਕਿ ਮੈਂ ਤੀਰਥਾਂ ਦੇ ਇਸ਼ਨਾਨ ਕਰ ਆਇਆ ਹਾਂ। ਮਨੁੱਖ ਦੇ ਅੰਦਰ) ਅੰਦਰੋਂ ਹੋਰ ਤੇ ਬਾਹਰੋਂ ਹੋਰ ਹੋਣ ਦਾ ਪਸਾਰਾ ਪਸਰ ਜਾਂਦਾ ਹੈ (ਮਨੁੱਖ ਪਖੰਡੀ ਹੋ ਜਾਂਦਾ ਹੈ)।
38215	893	ਹਰਿ ਹਰਿ ਅਉਖਧੁ ਜੋ ਜਨੁ ਖਾਇ॥		Har Har Aoukhadhh Jo Jan Khaae ||	That humble being who takes the medicine of the Name of the Lord, Har, Har	ਹੇ ਸੰਤ ਜਨੋ! ਜਿਹੜਾ ਮਨੁੱਖ ਪਰਮਾਤਮਾ ਦੇ ਨਾਮ ਦੀ ਦਵਾਈ ਖਾਂਦਾ ਹੈ,
38216	893	ਤਾ ਕਾ ਰੋਗੁ ਸਗਲ ਮਿਟਿ ਜਾਇ॥੩॥		Thaa Kaa Rog Sagal Mitt Jaae ||3||	- all his diseases are eradicated. ||3||	ਉਸ ਦਾ ਸਾਰਾ (ਮਾਨਸਕ) ਰੋਗ ਦੂਰ ਹੋ ਜਾਂਦਾ ਹੈ ॥੩॥
38217	893	ਕਰਿ ਕਿਰਪਾ ਪਾਰਬ੍ਰਹਮ ਦਇਆਲ॥	ਦ-ਇਆਲ	Kar Kirapaa Paarabreham Dhaeiaal ||	Take pity on me, O merciful, Supreme Lord God;	ਹੇ ਪਾਰਬ੍ਰਹਮ! ਹੇ ਦਇਆ ਦੇ ਘਰ! (ਮੇਰੇ ਉਤੇ) ਕਿਰਪਾ ਕਰ।
38218	893	ਮਨ ਤੇ ਕਬਹੁ ਨ ਬਿਸਰੁ ਗੋਪਾਲ॥	ਗੋਪਾਲ ਦੇ ਗੋ:ਹੋੜੇ ਔਂਕੜ ਵਿਚਕਾਰਲੀ ਅਵਾਜ ਬੋਲੋ	Man Thae Kabahu N Bisar Guopaal ||	Let me never forget the Lord of the World from my mind.	ਹੇ ਗੋਪਾਲ! ਤੂੰ ਮੇਰੇ ਮਨ ਤੋਂ ਕਦੇ ਭੀ ਨਾਹ ਵਿੱਸਰ।

38219	893	ਤੇਰੇ ਦਾਸ ਕੀ ਹੋਵਾ ਧੂਰਿ॥		Thaerae Dhaas Kee Hovaa Dhhoor ||	Let me be the dust of the feet of Your slaves;	ਹੇ ਪ੍ਰਭੂ! ਮੈਂ ਤੇਰੇ ਦਾਸਾਂ ਦੇ ਚਰਨਾਂ ਦੀ ਧੂੜ ਬਣਿਆ ਰਹਾਂ-
38220	893	ਨਾਨਕ ਕੀ ਪ੍ਰਭ ਸਰਧਾ ਪੂਰਿ॥੪॥੨੨॥੩੩॥		Naanak Kee Prabh Saradhhaa Poor ||4||22||33||	O God, please fulfill Nanak's hope. ||4||22||33||	ਨਾਨਕ ਦੀ ਇਹ ਤਾਂਘ ਪੂਰੀ ਕਰ ॥੪॥੨੨॥੩੩॥
38221	893	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38222	893	ਤੇਰੀ ਸਰਣਿ ਪੂਰੇ ਗੁਰਦੇਵ॥		Thaeree Saran Poorae Guradhaev ||	You are my Protection, O perfect Divine Guru.	ਹੇ ਸਰਬ-ਗੁਣ ਭਰਪੂਰ ਤੇ ਸਭ ਤੋਂ ਵੱਡੇ ਦੇਵਤੇ! ਮੈਂ ਤੇਰੀ ਸਰਨ ਆਇਆ ਹਾਂ।
38223	893	ਤੁਧੁ ਬਿਨੁ ਦੂਜਾ ਨਾਹੀ ਕੋਇ॥		Thudhh Bin Dhoojaa Naahee Koe ||	There is no other than You.	ਤੈਥੋਂ ਬਿਨਾ ਮੈਨੂੰ ਕੋਈ ਹੋਰ (ਸਹਾਈ) ਨਹੀਂ (ਦਿੱਸਦਾ)।
38224	893	ਤੂ ਸਮਰਥੁ ਪੂਰਨ ਪਾਰਬ੍ਰਹਮੁ॥		Thoo Samarathh Pooran Paarabreham ||	You are all-powerful, O perfect Supreme Lord God.	ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੂੰ ਹਰ ਥਾਂ ਵਿਆਪਕ ਪਰਮੇਸ਼ਰ ਹੈਂ।
38225	893	ਸੋ ਧਿਆਏ ਪੂਰਾ ਜਿਸੁ ਕਰਮੁ॥੧॥		So Dhhiaaeae Pooraa Jis Karam ||1||	He alone meditates on You, whose karma is perfect. ||1||	ਉਹੀ ਮਨੁੱਖ ਤੇਰਾ ਧਿਆਨ ਧਰ ਸਕਦਾ ਹੈ ਜਿਸ ਉਤੇ ਤੇਰੀ ਪੂਰੀ ਬਖ਼ਸ਼ਸ਼ ਹੋਵੇ ॥੧॥
38226	893	ਤਰਣ ਤਾਰਣ ਪ੍ਰਭ ਤੇਰੋ ਨਾਉ॥		Tharan Thaaran Prabh Thaero Naao ||	You Name, God, is the boat to carry us across.	ਹੇ ਪ੍ਰਭੂ! ਤੇਰਾ ਨਾਮ (ਜੀਵਾਂ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਲਈ ਜਹਾਜ਼ ਹੈ।

38227	893	ਏਕਾ ਸਰਣਿ ਗਹੀ ਮਨ ਮੇਰੈ ਤੁਧੁ ਬਿਨੁ ਦੂਜਾ ਨਾਹੀ ਠਾਉ॥੧॥ਰਹਾਉ॥		Eaekaa Saran Gehee Man Maerai Thudhh Bin Dhoojaa Naahee Thaao ||1|| Rehaao ||	My mind has grasped Your protection alone. Other than You, I have no place of rest at all. ||1||Pause||	ਮੇਰੇ ਮਨ ਨੇ ਇਕ ਤੇਰੀ ਹੀ ਓਟ ਲਈ ਹੈ। ਹੇ ਪ੍ਰਭੂ! ਤੈਥੋਂ ਬਿਨਾ ਮੈਨੂੰ ਕੋਈ ਹੋਰ (ਆਸਰੇ ਵਾਲੀ) ਥਾਂ ਨਹੀਂ ਸੁੱਝਦੀ ॥੧॥ ਰਹਾਉ ॥
38228	893	ਜਪਿ ਜਪਿ ਜੀਵਾ ਤੇਰਾ ਨਾਉ॥		Jap Jap Jeevaa Thaeraa Naao ||	Chanting, meditating on Your Name, I live,	ਹੇ ਮੇਰੇ ਗੁਰਦੇਵ! ਤੇਰਾ ਨਾਮ ਜਪ ਜਪ ਕੇ ਮੈਂ (ਇਥੇ) ਆਤਮਕ ਜੀਵਨ ਹਾਸਲ ਕਰ ਰਿਹਾ ਹਾਂ,
38229	893	ਆਗੈ ਦਰਗਹ ਪਾਵਉ ਠਾਉ॥		Aagai Dharageh Paavo Thaao ||	And hereafter, I will obtain a seat in the Court of the Lord.	ਅਗਾਂਹ ਤੇਰੀ ਹਜ਼ੂਰੀ ਵਿਚ ਮੈਂ (ਟਿਕਣ ਜੋਗਾ) ਥਾਂ ਪ੍ਰਾਪਤ ਕਰ ਸਕਾਂਗਾ।
38230	893	ਦੂਖੁ ਅੰਧੇਰਾ ਮਨ ਤੇ ਜਾਇ॥		Dhookh Andhhaeraa Man Thae Jaae ||	Pain and darkness are gone from my mind;	ਹੇ ਪ੍ਰਭੂ! ਉਸ ਮਨੁੱਖ ਦੇ ਮਨ ਤੋਂ ਦੁੱਖ-ਕਲੇਸ਼ ਤੇ (ਮਾਇਆ ਦੇ ਮੋਹ ਦਾ) ਹਨੇਰਾ ਚਲਾ ਜਾਂਦਾ ਹੈ,
38231	893	ਦੁਰਮਤਿ ਬਿਨਸੈ ਰਾਚੈ ਹਰਿ ਨਾਇ॥੨॥		Dhuramath Binasai Raachai Har Naae ||2||	My evil-mindedness is dispelled, and I am absorbed in the Lord's Name. ||2||	ਜਿਹੜਾ ਮਨੁੱਖ ਤੇਰੇ ਨਾਮ ਵਿਚ ਲੀਨ ਹੁੰਦਾ ਹੈ, (ਉਸ ਦੇ ਅੰਦਰੋਂ) ਭੈੜੀ ਮਤਿ ਦੂਰ ਹੋ ਜਾਂਦੀ ਹੈ ॥੨॥
38232	893	ਚਰਨਕਮਲ ਸਿਉ ਲਾਗੀ ਪ੍ਰੀਤਿ॥		Charan Kamal Sio Laagee Preeth ||	I have enshrined love for the Lord's lotus feet.	(ਹੇ ਭਾਈ!) (ਪਰਮਾਤਮਾ ਦੇ) ਸੋਹਣੇ ਚਰਨਾਂ ਨਾਲ ਪਿਆਰ ਬਣ ਜਾਣਾ-
38233	893	ਗੁਰ ਪੂਰੇ ਕੀ ਨਿਰਮਲ ਰੀਤਿ॥		Gur Poorae Kee Niramal Reeth ||	The lifestyle of the Perfect Guru is immaculate and pure.	(ਇਹੋ ਹੀ) ਪੂਰੇ ਗੁਰੂ ਦੀ ਪਵਿੱਤਰ ਜੀਵਨ-ਮਰਯਾਦਾ ਹੈ।

38234	893	ਭਉ ਭਾਗਾ ਨਿਰਭਉ ਮਨਿ ਬਸੈ॥		Bho Bhaagaa Nirabho Man Basai ||	My fear has run away, and the fearless Lord dwells within my mind.	ਡਰ-ਰਹਿਤ ਪ੍ਰਭੂ ਉਸ ਮਨੁੱਖ ਦੇ ਮਨ ਵਿਚ ਆ ਵੱਸਦਾ ਹੈ, ਉਸ ਦਾ ਹਰੇਕ ਡਰ ਦੂਰ ਹੋ ਜਾਂਦਾ ਹੈ,
38235	893	ਅੰਮ੍ਰਿਤ ਨਾਮ ਰਸਨਾ ਨਿਤ ਜਪੈ॥੩॥		Anmrith Naam Rasanaa Nith Japai ||3||	My tongue continually chants the Ambrosial Naam, the Name of the Lord. ||3||	ਜਿਹੜਾ ਮਨੁੱਖ ਆਪਣੀ ਜੀਭ ਨਾਲ ਆਤਮਕ ਜੀਵਨ ਦੇਣ ਵਾਲਾ ਨਾਮ ਨਿੱਤ ਜਪਦਾ ਹੈ ॥੩॥
38236	893	ਕੋਟਿ ਜਨਮ ਕੇ ਕਾਟੇ ਫਾਹੇ॥		Kott Janam Kae Kaattae Faahae ||	The nooses of millions of incarnations are cut away.	(ਭਗਤੀ ਦਾ ਸਦਕਾ ਉਹਨਾਂ ਦੇ ਪਹਿਲੇ ਕ੍ਰੋੜਾਂ ਜਨਮਾਂ ਦੇ (ਮਾਇਆ ਦੇ) ਬੰਧਨ ਕੱਟੇ ਜਾਂਦੇ ਹਨ।
38237	893	ਪਾਇਆ ਲਾਭੁ ਸਚਾ ਧਨੁ ਲਾਹੇ ॥		Paaeiaa Laabh Sachaa Dhhan Laahae ||	I have obtained the profit of the true wealth.	(ਜੀਵ ਇਥੇ ਜਗਤ ਵਿਚ ਹਰਿ-ਨਾਮ-ਧਨ ਦਾ ਵਣਜ ਕਰਨ ਆਉਂਦੇ ਹਨ। ਪ੍ਰਭੂ ਦੀ ਭਗਤੀ ਕਰਨ ਵਾਲੇ ਬੰਦੇ) ਸਦਾ ਕਾਇਮ ਰਹਿਣ ਵਾਲਾ ਨਾਮ-ਧਨ-ਨਫ਼ਾ ਖੱਟ ਲੈਂਦੇ ਹਨ
38238	893	ਤੋਟਿ ਨ ਆਵੈ ਅਖੁਟ ਭੰਡਾਰ॥		Thott N Aavai Akhutt Bhanddaar ||	This treasure is inexhaustible; it will never run out.	(ਉਹਨਾਂ ਪਾਸ ਇਸ ਨਾਮ-ਧਨ ਦੇ) ਕਦੇ ਨਾਹ ਮੁੱਕਣ ਵਾਲੇ ਖ਼ਜ਼ਾਨੇ (ਭਰ ਜਾਂਦੇ ਹਨ ਜਿਨ੍ਹਾਂ ਵਿਚ) ਕਦੇ ਘਾਟਾ ਨਹੀਂ ਪੈਂਦਾ।

38239	893	ਨਾਨਕ ਭਗਤ ਸੋਹਹਿ ਹਰਿ ਦੁਆਰ ॥੪॥੨੩ ॥੩੪॥	ਸੋਹ-ਹਿ	Naanak Bhagath Sohehi Har Dhuaar ||4||23||34||	O Nanak, the devotees look beautiful in the Court of the Lord. ||4||23||34||	ਹੇ ਨਾਨਕ! ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ ਪਰਮਾਤਮਾ ਦੇ ਦਰ ਤੇ ਸੋਭਾ ਪਾਂਦੇ ਹਨ ॥੪॥੨੩॥੩੪॥
38240	893	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38241	893	ਰਤਨ ਜਵੇਹਰ ਨਾਮ॥		Rathan Javaehar Naam ||	The Naam, the Name of the Lord, is a jewel, a ruby.	(ਹੇ ਭਾਈ! ਪਿਆਰੇ ਪ੍ਰਭੂ ਦਾ ਖ਼ਜ਼ਾਨਾ ਐਸਾ ਹੈ ਜਿਸ ਵਿਚ ਉਸ ਦਾ) ਨਾਮ (ਹੀ) ਰਤਨ ਤੇ ਜਵਾਹਰਾਤ ਹਨ,
38242	893	ਸਤੁ ਸੰਤੋਖੁ ਗਿਆਨ॥		Sath Santhokh Giaan ||	It brings Truth, contentment and spiritual wisdom.	ਉਸ ਵਿਚ ਸਤ ਸੰਤੋਖ ਤੇ ਉੱਚੇ ਆਤਮਕ ਜੀਵਨ ਦੀ ਸੂਝ ਕੀਮਤੀ ਪਦਾਰਥ ਹਨ।
38243	893	ਸੂਖ ਸਹਜ ਦਇਆ ਕਾ ਪੋਤਾ॥	(ਪੋੱਤਾ)ਖਜਾਨਾ। ਪੋਤਾ: ਕਸਕੇ	Sookh Sehaj Dhaeiaa Kaa Pothaa ||	The Lord entrusts the treasures of peace,	ਉਹ ਖ਼ਜ਼ਾਨਾ ਸੁਖ, ਆਤਮਕ ਅਡੋਲਤਾ ਤੇ ਦਇਆ ਦਾ ਸੋਮਾ ਹੈ।
38244	893	ਹਰਿ ਭਗਤਾ ਹਵਾਲੈ ਹੋਤਾ ॥੧॥		Har Bhagathaa Havaalai Hothaa ||1||	Intuition and kindness to His devotees. ||1||	ਪਰ ਉਹ ਖ਼ਜ਼ਾਨਾ ਪਰਮਾਤਮਾ ਦੇ ਭਗਤਾਂ ਦੇ ਸਪੁਰਦ ਹੋਇਆ ਹੋਇਆ ਹੈ ॥੧॥
38245	893	ਮੇਰੇ ਰਾਮ ਕੋ ਭੰਡਾਰੁ॥		Maerae Raam Ko Bhanddaar ||	This is the treasure of my Lord.	(ਹੇ ਭਾਈ!) ਪਿਆਰੇ ਪ੍ਰਭੂ ਦਾ ਖ਼ਜ਼ਾਨਾ (ਐਸਾ ਹੈ ਕਿ ਉਸ ਨੂੰ)

38246	893	ਖਾਤ ਖਰਚਿ ਕਛੁ ਤੋਟਿ ਨ ਆਵੈ ਅੰਤੁ ਨਹੀ ਹਰਿ ਪਾਰਾਵਾਰੁ॥੧॥ਰਹਾਉ॥		Khaath Kharach Kashh Thott N Aavai Anth Nehee Har Paaraavaar ||1|| Rehaao ||	Consuming and expending it, it is never used up. The Lord has no end or limitation. ||1||Pause||	ਆਪ ਵਰਤਦਿਆਂ ਤੇ ਹੋਰਨਾਂ ਨੂੰ ਵੰਡਦਿਆਂ (ਉਸ ਵਿਚ) ਕਮੀ ਨਹੀਂ ਆਉਂਦੀ। ਉਸ ਪਰਮਾਤਮਾ ਦੇ ਖ਼ਜ਼ਾਨੇ ਦਾ ਅੰਤ ਨਹੀਂ ਲੱਭਦਾ, ਉਸ ਦੀ ਹਸਤੀ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭਦਾ ॥੧॥ ਰਹਾਉ ॥
38247	893	ਕੀਰਤਨੁ ਨਿਰਮੋਲਕ ਹੀਰਾ॥		Keerathan Niramolak Heeraa ||	The Kirtan of the Lord's Praise is a priceless diamond.	(ਹੇ ਭਾਈ! ਪਿਆਰੇ ਪ੍ਰਭੂ ਦਾ ਖ਼ਜ਼ਾਨਾ ਐਸਾ ਹੈ ਜਿਸ ਵਿਚ ਉਸ ਦਾ) ਕੀਰਤਨ ਇਕ ਅਜਿਹਾ ਹੀਰਾ ਹੈ ਜਿਸ ਦਾ ਮੁੱਲ ਨਹੀਂ ਪੈ ਸਕਦਾ।
38248	893	ਆਨੰਦ ਗੁਣੀ ਗਹੀਰਾ॥		Aanandh Gunee Geheeraa ||	It is the ocean of bliss and virtue.	(ਉਸ ਕੀਰਤਨ ਦੀ ਬਰਕਤਿ ਨਾਲ) ਗੁਣਾਂ ਦੇ ਮਾਲਕ ਸਮੁੰਦਰ-ਪ੍ਰਭੂ (ਦੇ ਮਿਲਾਪ) ਦਾ ਆਨੰਦ (ਪ੍ਰਾਪਤ ਹੁੰਦਾ ਹੈ)।
38249	893	ਅਨਹਦ ਬਾਣੀ ਪੂੰਜੀ॥		Anehadh Baanee Poonjee ||	In the Word of the Guru's Bani is the wealth of the unstruck sound current.	(ਕੀਰਤਨ ਦੀ ਬਰਕਤ ਨਾਲ ਪੈਦਾ ਹੋਈ) ਇੱਕ-ਰਸ ਜਾਰੀ ਰਹਿਣ ਵਾਲੀ ਸਿਫ਼ਤਿ-ਸਾਲਾਹ ਦੀ ਰੌ (ਉਸ ਖ਼ਜ਼ਾਨੇ ਵਿਚ ਮਨੁੱਖ ਲਈ) ਸਰਮਾਇਆ ਹੈ।
38250	893	ਸੰਤਨ ਹਥਿ ਰਾਖੀ ਕੂੰਜੀ॥੨॥		Santhan Hathh Raakhee Koonjee ||2||	The Saints hold the key to it in their hands. ||2||	(ਪਰ ਪਰਮਾਤਮਾ ਨੇ ਇਸ ਖ਼ਜ਼ਾਨੇ ਦੀ) ਕੁੰਜੀ ਸੰਤਾਂ ਦੇ ਹੱਥ ਵਿਚ ਰੱਖੀ ਹੋਈ ਹੈ ॥੨॥

38251	894	ਸੁੰਨ ਸਮਾਧਿ ਗੁਫਾ ਤਹ ਆਸਨੁ॥		Sunn Samaadhh Gufaa Theh Aasan ||	They sit there, in the cave of deep Samaadhi;	(ਹੇ ਭਾਈ! ਜਿਸ ਹਿਰਦੇ-ਘਰ ਵਿਚ ਉਹ ਖ਼ਜ਼ਾਨਾ ਆ ਵੱਸਦਾ ਹੈ) ਉਥੇ ਐਸੀ ਸਮਾਧੀ ਬਣੀ ਰਹਿੰਦੀ ਹੈ ਜਿਸ ਵਿਚ ਕੋਈ ਮਾਇਕ ਫੁਰਨਾ ਨਹੀਂ ਉੱਠਦਾ, (ਪਹਾੜਾਂ ਦੀਆਂ ਕੰਦ੍ਰਾਂ ਦੇ ਥਾਂ ਉਸ ਹਿਰਦੇ-) ਗੁਫ਼ਾ ਵਿਚ ਮਨੁੱਖ ਦੀ ਸੁਰਤੀ ਟਿਕੀ ਰਹਿੰਦੀ ਹੈ,
38252	894	ਕੇਵਲ ਬ੍ਰਹਮ ਪੂਰਨ ਤਹ ਬਾਸਨੁ॥		Kaeval Breham Pooran Theh Baasan ||	The unique, perfect Lord God dwells there.	ਉਸ ਹਿਰਦੇ-ਘਰ ਵਿਚ ਸਿਰਫ਼ ਪੂਰਨ ਪਰਮਾਤਮਾ ਦਾ ਨਿਵਾਸ ਬਣਿਆ ਰਹਿੰਦਾ ਹੈ।
38253	894	ਭਗਤ ਸੰਗਿ ਪ੍ਰਭੁ ਗੋਸਟਿ ਕਰਤ॥		Bhagath Sang Prabh Gosatt Karath ||	God holds conversations with His devotees.	(ਜਿਸ ਭਗਤ ਦੇ ਹਿਰਦੇ ਵਿਚ ਉਹ ਖ਼ਜ਼ਾਨਾ ਪਰਗਟ ਹੋ ਪੈਂਦਾ ਹੈ ਉਸ) ਭਗਤ ਨਾਲ ਪ੍ਰਭੂ ਮਿਲਾਪ ਬਣਾ ਲੈਂਦਾ ਹੈ,
38254	894	ਤਹ ਹਰਖ ਨ ਸੋਗ ਨ ਜਨਮ ਨ ਮਰਤ॥੩॥		Theh Harakh N Sog N Janam N Marath ||3||	There is no pleasure or pain, no birth or death there. ||3||	ਉਸ ਹਿਰਦੇ ਵਿਚ ਖ਼ੁਸ਼ੀ ਗ਼ਮੀ ਜਨਮ-ਮਰਨ (ਦੇ ਗੇੜ ਦੇ ਡਰ) ਦਾ ਕੋਈ ਅਸਰ ਨਹੀਂ ਹੁੰਦਾ ॥੩॥
38255	894	ਕਰਿ ਕਿਰਪਾ ਜਿਸੁ ਆਪਿ ਦਿਵਾਇਆ॥		Kar Kirapaa Jis Aap Dhivaaeiaa ||	One whom the Lord Himself blesses with His Mercy,	(ਪਰ, ਹੇ ਭਾਈ!) ਜਿਸ ਮਨੁੱਖ ਨੂੰ ਪ੍ਰਭੂ ਨੇ ਆਪ ਕਿਰਪਾ ਕਰ ਕੇ ਇਹ ਧਨ ਦਿਵਾਇਆ ਹੈ,

38256	894	ਸਾਧਸੰਗਿ ਤਿਨਿ ਹਰਿ ਧਨੁ ਪਾਇਆ॥		Saadhhasang Thin Har Dhhan Paaeiaa ||	Obtains the Lord's wealth in the Saadh Sangat, the Company of the Holy.	(ਸਿਰਫ਼) ਉਸ ਮਨੁੱਖ ਨੇ ਗੁਰੂ ਦੀ ਸੰਗਤਿ ਵਿਚ ਰਹਿ ਕੇ ਉਹ ਨਾਮ-ਧਨ ਲੱਭਾ ਹੈ।
38257	894	ਦਇਆਲ ਪੁਰਖ ਨਾਨਕ ਅਰਦਾਸਿ॥		Dhaeiaal Purakh Naanak Aradhaas ||	Nanak prays to the merciful Primal Lord;	ਹੇ ਦਇਆ ਦੇ ਸੋਮੇ ਅਕਾਲ ਪੁਰਖ! (ਤੇਰੇ ਸੇਵਕ) ਨਾਨਕ ਦੀ ਭੀ ਇਹੀ ਅਰਜ਼ੋਈ ਹੈ,
38258	894	ਹਰਿ ਮੇਰੀ ਵਰਤਣਿ ਹਰਿ ਮੇਰੀ ਰਾਸਿ ॥੪॥੨੪॥੩੫॥		Har Maeree Varathan Har Maeree Raas ||4||24||35||	The Lord is my merchandise, and the Lord is my capital. ||4||24||35||	ਕਿ ਤੇਰਾ ਨਾਮ ਮੇਰਾ ਸਰਮਾਇਆ ਬਣਿਆ ਰਹੇ, ਤੇਰਾ ਨਾਮ ਮੇਰੀ ਹਰ ਵੇਲੇ ਦੀ ਵਰਤਣ ਵਾਲੀ ਸ਼ੈ ਬਣੀ ਰਹੇ ॥੪॥੨੪॥੩੫॥
38259	894	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38260	894	ਮਹਿਮਾ ਨ ਜਾਨਹਿ ਬੇਦ॥		Mehimaa N Jaanehi Baedh ||	The Vedas do not know His greatness.	(ਹੇ ਭਾਈ! ਪ੍ਰਭੂ ਕੇਡਾ ਵੱਡਾ ਹੈ- ਇਹ ਗੱਲ (ਚਾਰੇ) ਵੇਦ (ਭੀ) ਨਹੀਂ ਜਾਣਦੇ।
38261	894	ਬ੍ਰਹਮੇ ਨਹੀ ਜਾਨਹਿ ਭੇਦ॥		Brehamae Nehee Jaanehi Bhaedh ||	Brahma does not know His mystery.	ਅਨੇਕਾਂ ਬ੍ਰਹਮਾ ਭੀ (ਉਸ ਦੇ) ਦਿਲ ਦੀ ਗੱਲ ਨਹੀਂ ਜਾਣਦੇ।
38262	894	ਅਵਤਾਰ ਨ ਜਾਨਹਿ ਅੰਤੁ॥		Avathaar N Jaanehi Anth ||	Incarnated beings do not know His limit.	ਸਾਰੇ ਅਵਤਾਰ ਭੀ ਉਸ (ਪਰਮਾਤਮਾ ਦੇ ਗੁਣਾਂ) ਦਾ ਅੰਤ ਨਹੀਂ ਜਾਣਦੇ।

38263	894	ਪਰਮੇਸਰੁ ਪਾਰਬ੍ਰਹਮ ਬੇਅੰਤੁ॥੧॥		Paramaesar Paarabreham Baeanth ||1||	The Transcendent Lord, the Supreme Lord God, is infinite. ||1||	ਹੇ ਭਾਈ! ਪਾਰਬ੍ਰਹਮ ਪਰਮੇਸਰ ਬੇਅੰਤ ਹੈ ॥੧॥
38264	894	ਅਪਨੀ ਗਤਿ ਆਪਿ ਜਾਨੈ॥		Apanee Gath Aap Jaanai ||	Only He Himself knows His own state.	(ਹੇ ਭਾਈ!) ਪਰਮਾਤਮਾ ਕਿਹੋ ਜਿਹਾ ਹੈ-ਇਹ ਗੱਲ ਉਹ ਆਪ ਹੀ ਜਾਣਦਾ ਹੈ।
38265	894	ਸੁਣਿ ਸੁਣਿ ਅਵਰ ਵਖਾਨੈ॥੧॥ਰਹਾਉ॥		Sun Sun Avar Vakhaanai ||1|| Rehaao ||	Others speak of Him only by hearsay. ||1||Pause||	(ਜੀਵ) ਹੋਰਨਾਂ ਪਾਸੋਂ ਸੁਣ ਸੁਣ ਕੇ ਹੀ (ਪਰਮਾਤਮਾ ਬਾਰੇ) ਜ਼ਿਕਰ ਕਰਦਾ ਰਹਿੰਦਾ ਹੈ ॥੧॥ ਰਹਾਉ ॥
38266	894	ਸੰਕਰਾ ਨਹੀ ਜਾਨਹਿ ਭੇਵ॥		Sankaraa Nehee Jaanehi Bhaev ||	Shiva does not know His mystery.	(ਹੇ ਭਾਈ!) ਅਨੇਕਾਂ ਸ਼ਿਵ ਜੀ ਪਰਮਾਤਮਾ ਦੇ ਦਿਲ ਦੀ ਗੱਲ ਨਹੀਂ ਜਾਣਦੇ,
38267	894	ਖੋਜਤ ਹਾਰੇ ਦੇਵ॥		Khojath Haarae Dhaev ||	The gods gave grown weary of searching for Him.	ਅਨੇਕਾਂ ਦੇਵਤੇ ਉਸ ਦੀ ਖੋਜ ਕਰਦੇ ਕਰਦੇ ਥੱਕ ਗਏ।
38268	894	ਦੇਵੀਆ ਨਹੀ ਜਾਨੈ ਮਰਮ॥	ਦੇਵੀਆਂ	Dhaeveeaa Nehee Jaanai Maram ||	The goddesses do not know His mystery.	ਦੇਵੀਆਂ ਵਿਚੋਂ ਭੀ ਕੋਈ ਉਸ ਪ੍ਰਭੂ ਦਾ ਭੇਦ ਨਹੀਂ ਜਾਣਦੀ।
38269	894	ਸਭ ਊਪਰਿ ਅਲਖ ਪਾਰਬ੍ਰਹਮ॥੨॥	ਅ-ਲਖ	Sabh Oopar Alakh Paarabreham ||2||	Above all is the unseen, Supreme Lord God. ||2||	ਹੇ ਭਾਈ! ਪਰਮਾਤਮਾ ਸਭਨਾਂ ਤੋਂ ਵੱਡਾ ਹੈ, ਉਸ ਦੇ ਸਹੀ ਸਰੂਪ ਦਾ ਬਿਆਨ ਨਹੀਂ ਕੀਤਾ ਜਾ ਸਕਦਾ ॥੨॥
38270	894	ਅਪਨੈ ਰੰਗਿ ਕਰਤਾ ਕੇਲ॥		Apanai Rang Karathaa Kael ||	The Creator Lord plays His own plays.	(ਹੇ ਭਾਈ!) ਪਰਮਾਤਮਾ ਆਪਣੀ ਮੌਜ ਵਿਚ (ਜਗਤ ਦੇ ਸਾਰੇ) ਕੌਤਕ ਕਰ ਰਿਹਾ ਹੈ,

38271	894	ਆਪਿ ਬਿਛੋਰੈ ਆਪੇ ਮੇਲ॥		Aap Bishhorai Aapae Mael ||	He Himself separates, and He Himself unites.	ਪ੍ਰਭੂ ਆਪ ਹੀ (ਜੀਵਾਂ ਨੂੰ ਆਪਣੇ ਚਰਨਾਂ ਤੋਂ) ਵਿਛੋੜਦਾ ਹੈ, ਆਪ ਹੀ ਮਿਲਾਂਦਾ ਹੈ।
38272	894	ਇਕਿ ਭਰਮੇ ਇਕਿ ਭਗਤੀ ਲਾਏ॥		Eik Bharamae Eik Bhagathee Laaeae ||	Some wander around, while others are linked to His devotional worship.	ਅਨੇਕਾਂ ਜੀਵਾਂ ਨੂੰ ਉਸ ਨੇ ਭਟਕਣਾ ਵਿਚ ਪਾਇਆ ਹੋਇਆ ਹੈ, ਤੇ ਅਨੇਕਾਂ ਜੀਵਾਂ ਨੂੰ ਆਪਣੀ ਭਗਤੀ ਵਿਚ ਜੋੜਿਆ ਹੋਇਆ ਹੈ।
38273	894	ਅਪਣਾ ਕੀਆ ਆਪਿ ਜਣਾਏ॥੩॥		Apanaa Keeaa Aap Janaaeae ||3||	By His actions, He makes Himself known. ||3||	(ਇਹ ਜਗਤ ਉਸ ਦਾ) ਆਪਣਾ ਹੀ ਪੈਦਾ ਕੀਤਾ ਹੋਇਆ ਹੈ, (ਇਸ ਨੂੰ ਉਹ) ਆਪ ਹੀ ਸੂਝ ਬਖ਼ਸ਼ਦਾ ਹੈ ॥੩॥
38274	894	ਸੰਤਨ ਕੀ ਸੁਣਿ ਸਾਚੀ ਸਾਖੀ॥		Santhan Kee Sun Saachee Saakhee ||	Listen to the true story of the Saints.	(ਹੇ ਭਾਈ!) ਸੰਤ-ਜਨਾਂ ਬਾਰੇ ਇਹ ਸੱਚੀ ਗੱਲ ਸੁਣ।
38275	894	ਸੋ ਬੋਲਹਿ ਜੋ ਪੇਖਹਿ ਆਖੀ॥		So Bolehi Jo Paekhehi Aakhee ||	They speak only of what they see with their eyes.	ਸੰਤ ਜਨ ਉਹ ਕੁਝ ਆਖਦੇ ਹਨ ਜੋ ਉਹ ਆਪਣੀਆਂ ਅੱਖਾਂ ਨਾਲ ਵੇਖਦੇ ਹਨ।
38276	894	ਨਹੀ ਲੇਪੁ ਤਿਸੁ ਪੁੰਨਿ ਨ ਪਾਪਿ॥		Nehee Laep This Punn N Paap ||	He is not involved with virtue or vice.	(ਸੰਤ ਜਨ ਆਖਦੇ ਹਨ ਕਿ) ਉਸ ਪਰਮਾਤਮਾ ਉਤੇ ਨਾਹ ਕਿਸੇ ਪੁੰਨ ਨੇ ਨਾਹ ਕਿਸੇ ਪਾਪ ਨੇ (ਕਦੇ ਆਪਣਾ) ਪ੍ਰਭਾਵ ਪਾਇਆ ਹੈ।

38277	894	ਨਾਨਕ ਕਾ ਪ੍ਰਭੁ ਆਪੇ ਆਪਿ॥੪॥੨੫॥੩੬॥		Naanak Kaa Prabh Aapae Aap ||4||25||36||	Nanak's God is Himself all-in-all. ||4||25||36||	ਹੇ ਭਾਈ! ਨਾਨਕ ਦਾ ਪਰਮਾਤਮਾ (ਆਪਣੇ ਵਰਗਾ) ਆਪ ਹੀ ਆਪ ਹੈ ॥੪॥੨੫॥੩੬॥
38278	894	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38279	894	ਕਿਛਹੂ ਕਾਜੁ ਨ ਕੀਓ ਜਾਨਿ॥		Kishhehoo Kaaj N Keeou Jaan ||	I have not tried to do anything through knowledge.	ਹੇ ਪ੍ਰਭੂ! ਮੈਂ ਕੋਈ ਭੀ (ਚੰਗਾ) ਕੰਮ ਮਿਥ ਕੇ ਨਹੀਂ ਕਰਦਾ।
38280	894	ਸੁਰਤਿ ਮਤਿ ਨਾਹੀ ਕਿਛੁ ਗਿਆਨਿ॥		Surath Math Naahee Kishh Giaan ||	I have no knowledge, intelligence or spiritual wisdom.	ਗਿਆਨ-ਚਰਚਾ ਵਿਚ ਭੀ ਮੇਰੀ ਸੁਰਤ ਮੇਰੀ ਮਤਿ ਨਹੀਂ ਟਿਕਦੀ।
38281	894	ਜਾਪ ਤਾਪ ਸੀਲ ਨਹੀ ਧਰਮ॥		Jaap Thaap Seel Nehee Dhharam ||	I have not practiced chanting, deep meditation, humility or righteousness.	ਹੇ ਪ੍ਰਭੂ! ਜਪਾਂ ਤਪਾਂ ਸੀਲ-ਧਰਮ ਨੂੰ ਭੀ ਮੈਂ ਨਹੀਂ ਜਾਣਦਾ।
38282	894	ਕਿਛੂ ਨ ਜਾਨਉ ਕੈਸਾ ਕਰਮ॥੧॥		Kishhoo N Jaano Kaisaa Karam ||1||	I know nothing of such good karma. ||1||	ਮੈਨੂੰ ਕੋਈ ਸਮਝ ਨਹੀਂ ਕਿ ਕਰਮ-ਕਾਂਡ ਕਿਹੋ ਜਿਹੇ ਹੁੰਦੇ ਹਨ ॥੧॥
38283	894	ਠਾਕੁਰ ਪ੍ਰੀਤਮ ਪ੍ਰਭ ਮੇਰੇ॥		Thaakur Preetham Prabh Maerae ||	O my Beloved God, my Lord and Master,	ਹੇ ਮੇਰੇ ਪ੍ਰੀਤਮ ਪ੍ਰਭੂ! ਹੇ ਮੇਰੇ ਠਾਕੁਰ!

38284	894	ਤੁਝ ਬਿਨੁ ਦੂਜਾ ਅਵਰੁ ਨ ਕੋਈ ਭੂਲਹ ਚੂਕਹ ਪ੍ਰਭ ਤੇਰੇ॥੧॥ਰਹਾਉ॥		Thujh Bin Dhoojaa Avar N Koee Bhooleh Chookeh Prabh Thaerae ||1|| Rehaao ||	There is none other than You. Even though I wander and make mistakes, I am still Yours, God. ||1||Pause||	ਜੇ ਅਸੀਂ ਭੁੱਲਾਂ ਕਰਦੇ ਹਾਂ, ਜੇ ਅਸੀਂ (ਜੀਵਨ-ਰਾਹ ਤੋਂ) ਖੁੰਝਦੇ ਹਾਂ, ਤਾਂ ਭੀ ਹੇ ਪ੍ਰਭੂ! ਅਸੀਂ ਤੇਰੇ ਹੀ ਹਾਂ, ਤੈਥੋਂ ਬਿਨਾ ਸਾਡਾ ਹੋਰ ਕੋਈ ਨਹੀਂ ਹੈ ॥੧॥ ਰਹਾਉ ॥
38285	894	ਰਿਧਿ ਨ ਬੁਧਿ ਨ ਸਿਧਿ ਪ੍ਰਗਾਸੁ॥		Ridhh N Budhh N Sidhh Pragaas ||	I have no wealth, no intelligence, no miraculous spiritual powers; I am not enlightened.	ਹੇ ਮੇਰੇ ਪ੍ਰਭੂ! ਕਰਾਮਾਤੀ ਤਾਕਤਾਂ ਦੀ ਸੂਝ-ਬੂਝ ਤੇ ਪ੍ਰਕਾਸ਼ ਮੇਰੇ ਅੰਦਰ ਨਹੀਂ ਹੈ।
38286	894	ਬਿਖੈ ਬਿਆਧਿ ਕੇ ਗਾਵ ਮਹਿ ਬਾਸੁ॥		Bikhai Biaadhh Kae Gaav Mehi Baas ||	I dwell in the village of corruption and sickness.	ਵਿਕਾਰਾਂ ਤੇ ਰੋਗਾਂ ਦੇ ਇਸ ਸਰੀਰ-ਪਿੰਡ ਵਿਚ ਮੇਰਾ ਵਸੇਬਾ ਹੈ।
38287	894	ਕਰਣਹਾਰ ਮੇਰੇ ਪ੍ਰਭ ਏਕ॥		Karanehaar Maerae Prabh Eaek ||	O my One Creator Lord God,	ਹੇ ਮੇਰੇ ਸਿਰਜਣਹਾਰ!
38288	894	ਨਾਮ ਤੇਰੇ ਕੀ ਮਨ ਮਹਿ ਟੇਕ॥੨॥		Naam Thaerae Kee Man Mehi Ttaek ||2||	Your Name is the support of my mind. ||2||	ਮੇਰੇ ਮਨ ਵਿਚ ਸਿਰਫ਼ ਤੇਰੇ ਨਾਮ ਦਾ ਸਹਾਰਾ ਹੈ ॥੨॥
38289	894	ਸੁਣਿ ਸੁਣਿ ਜੀਵਉ ਮਨਿ ਇਹੁ ਬਿਸ੍ਰਾਮੁ॥		Sun Sun Jeevo Man Eihu Bisraam ||	Hearing, hearing Your Name, I live; this is my mind's consolation.	ਹੇ ਮੇਰੇ ਪ੍ਰਭੂ! (ਤੇਰਾ ਨਾਮ) ਸੁਣ ਸੁਣ ਕੇ ਹੀ ਮੈਂ ਆਤਮਕ ਜੀਵਨ ਪ੍ਰਾਪਤ ਕਰਦਾ ਹਾਂ। ਮੇਰੇ ਮਨ ਵਿਚ (ਸਿਰਫ਼) ਇਹ ਧਰਵਾਸ ਹੈ
38290	894	ਪਾਪ ਖੰਡਨ ਪ੍ਰਭ ਤੇਰੋ ਨਾਮੁ॥		Paap Khanddan Prabh Thaero Naam ||	Your Name, God, is the Destroyer of sins.	ਕਿ ਤੇਰਾ ਨਾਮ ਪਾਪਾਂ ਦਾ ਨਾਸ ਕਰਨ ਵਾਲਾ ਹੈ।

38291	894	ਤੂ ਅਗਨਤੁ ਜੀਅ ਕਾ ਦਾਤਾ॥	ਅ-ਗਨਤੁ	Thoo Aganath Jeea Kaa Dhaathaa ||	You, O Limitless Lord, are the Giver of the soul.	ਪ੍ਰਭੂ! ਤੇਰੀਆਂ ਤਾਕਤਾਂ ਗਿਣੀਆਂ ਨਹੀਂ ਜਾ ਸਕਦੀਆਂ, ਤੂੰ ਹੀ ਜਿੰਦ-ਦੇਣ ਵਾਲਾ ਹੈਂ।
38292	894	ਜਿਸਹਿ ਜਣਾਵਹਿ ਤਿਨਿ ਤੂ ਜਾਤਾ॥੩॥		Jisehi Janaavehi Thin Thoo Jaathaa ||3||	He alone knows You, unto whom You reveal Yourself. ||3||	ਜਿਸ ਮਨੁੱਖ ਨੂੰ ਤੂੰ ਸੂਝ ਬਖ਼ਸ਼ਦਾ ਹੈਂ, ਉਸ ਨੇ ਹੀ ਤੇਰੇ ਨਾਲ ਜਾਣ ਪਛਾਣ ਪਾਈ ਹੈ ॥੩॥
38293	894	ਜੋ ਉਪਾਇਓ ਤਿਸੁ ਤੇਰੀ ਆਸ॥		Jo Oupaaeiou This Thaeree Aas ||	Whoever has been created, rests his hopes in You.	ਜਿਸ ਜਿਸ ਜੀਵ ਨੂੰ ਤੂੰ ਪੈਦਾ ਕੀਤਾ ਹੈ, ਉਸ ਨੂੰ ਤੇਰੀ (ਸਹਾਇਤਾ ਦੀ) ਹੀ ਆਸ ਹੈ।
38294	894	ਸਗਲ ਅਰਾਧਹਿ ਪ੍ਰਭ ਗੁਣਤਾਸ॥		Sagal Araadhhehi Prabh Gunathaas ||	All worship and adore You, God, O treasure of excellence.	ਹੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ! ਸਾਰੇ ਜੀਵ ਤੇਰਾ ਹੀ ਆਰਾਧਨ ਕਰਦੇ ਹਨ।
38295	894	ਨਾਨਕ ਦਾਸ ਤੇਰੈ ਕੁਰਬਾਣੁ॥		Naanak Dhaas Thaerai Kurabaan ||	Slave Nanak is a sacrifice to You.	ਤੇਰਾ ਦਾਸ ਨਾਨਕ ਤੈਥੋਂ ਸਦਕੇ ਜਾਂਦਾ ਹੈ,
38296	894	ਬੇਅੰਤ ਸਾਹਿਬੁ ਮੇਰਾ ਮਿਹਰਵਾਣੁ॥੪॥੨੬॥੩੭॥		Baeanth Saahib Maeraa Miharavaan ||4||26||37||	My merciful Lord and Master is infinite. ||4||26||37||	(ਤੇ ਆਖਦਾ ਹੈ-) ਤੂੰ ਮੇਰਾ ਮਾਲਕ ਹੈਂ, ਤੂੰ ਬੇਅੰਤ ਹੈਂ, ਤੂੰ ਸਦਾ ਦਇਆ ਕਰਨ ਵਾਲਾ ਹੈਂ ॥੪॥੨੬॥੩੭॥
38297	894	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	

38298	894	ਰਾਖਨਹਾਰ ਦਇਆਲ॥		Raakhanehaar Dhaeiaal ||	The Savior Lord is merciful.	ਹੇ ਭਾਈ! ਪਰਮਾਤਮਾ ਸਭ ਜੀਵਾਂ ਦੀ ਰੱਖਿਆ ਕਰਨ ਦੇ ਸਮਰੱਥ ਹੈ, ਦਇਆ ਦਾ ਸੋਮਾ ਹੈ।
38299	894	ਕੋਟਿ ਭਵ ਖੰਡੇ ਨਿਮਖ ਖਿਆਲ॥		Kott Bhav Khanddae Nimakh Khiaal ||	Millions of incarnations are eradicated in an instant, contemplating the Lord.	ਜੇ ਅੱਖ ਫਰਕਣ ਜਿਤਨੇ ਸਮੇ ਵਾਸਤੇ ਭੀ ਉਸ ਦਾ ਧਿਆਨ ਧਰੀਏ, ਤਾਂ ਕ੍ਰੋੜਾਂ ਜਨਮ ਦੇ ਗੇੜ ਕੱਟੇ ਜਾਂਦੇ ਹਨ।
38300	894	ਸਗਲ ਅਰਾਧਹਿ ਜੰਤ॥		Sagal Araadhhehi Janth ||	All beings worship and adore Him.	ਸਾਰੇ ਜੀਵ ਉਸੇ ਦਾ ਆਰਾਧਨ ਕਰਦੇ ਹਨ।
38301	894	ਮਿਲੀਐ ਪ੍ਰਭ ਗੁਰ ਮਿਲਿ ਮੰਤ॥੧॥		Mileeai Prabh Gur Mil Manth ||1||	Receiving the Guru's Mantra, one meets God. ||1||	ਹੇ ਭਾਈ! ਗੁਰੂ ਨੂੰ ਮਿਲ ਕੇ, ਗੁਰੂ ਦਾ ਉਪਦੇਸ਼ ਲੈ ਕੇ ਉਸ ਪ੍ਰਭੂ ਨੂੰ ਮਿਲ ਸਕੀਦਾ ਹੈ ॥੧॥
38302	894	ਜੀਅਨ ਕੋ ਦਾਤਾ ਮੇਰਾ ਪ੍ਰਭੁ॥		Jeean Ko Dhaathaa Maeraa Prabh ||	My God is the Giver of souls.	ਹੇ ਭਾਈ! ਮੇਰਾ ਪ੍ਰਭੂ ਸਭ ਜੀਆਂ ਨੂੰ ਦਾਤਾਂ ਦੇਣ ਵਾਲਾ ਹੈ।
38303	894	ਪੂਰਨ ਪਰਮੇਸੁਰ ਸੁਆਮੀ ਘਟਿ ਘਟਿ ਰਾਤਾ ਮੇਰਾ ਪ੍ਰਭੁ॥੧॥ਰਹਾਉ॥		Pooran Paramaesur Suaamee Ghatt Ghatt Raathaa Maeraa Prabh ||1|| Rehaao ||	The Perfect Transcendent Lord Master, my God, imbues each and every heart. ||1||Pause||	ਉਹ ਮੇਰਾ ਮਾਲਕ ਪਰਮੇਸਰ ਪ੍ਰਭੂ ਸਭ ਵਿਚ ਵਿਆਪਕ ਹੈ, ਹਰੇਕ ਸਰੀਰ ਵਿਚ ਰਮਿਆ ਹੋਇਆ ਹੈ ॥੧॥ ਰਹਾਉ ॥
38304	894	ਤਾ ਕੀ ਗਹੀ ਮਨ ਓਟ॥		Thaa Kee Gehee Man Outt ||	My mind has grasped His Support.	ਹੇ ਮਨ! ਜਿਸ ਮਨੁੱਖ ਨੇ ਉਸ ਪਰਮਾਤਮਾ ਦਾ ਆਸਰਾ ਲੈ ਲਿਆ,

38305	894	ਬੰਧਨ ਤੇ ਹੋਈ ਛੋਟ॥		Bandhhan Thae Hoee Shhott ||	My bonds have been shattered.	(ਮਾਇਆ ਦੇ ਮੋਹ ਦੇ) ਬੰਧਨਾਂ ਤੋਂ ਉਸ ਦੀ ਖ਼ਲਾਸੀ ਹੋ ਗਈ।
38306	894	ਹਿਰਦੈ ਜਪਿ ਪਰਮਾਨੰਦ॥		Hiradhai Jap Paramaanandh ||	Within my heart, I meditate on the Lord, the embodiment of supreme bliss.	ਸਭ ਤੋਂ ਉੱਚੇ ਸੁਖ ਦੇ ਮਾਲਕ ਪ੍ਰਭੂ ਨੂੰ ਹਿਰਦੇ ਵਿਚ ਜਪ ਕੇ-
38307	894	ਮਨ ਮਾਹਿ ਭਏ ਅਨੰਦ॥੨॥		Man Maahi Bheae Anandh ||2||	My mind is filled with ecstasy. ||2||	ਮਨ ਵਿਚ ਖ਼ੁਸ਼ੀਆਂ ਹੀ ਖ਼ੁਸ਼ੀਆਂ ਬਣ ਜਾਂਦੀਆਂ ਹਨ ॥੨॥
38308	894	ਤਾਰਣ ਤਰਣ ਹਰਿ ਸਰਣ॥		Thaaran Tharan Har Saran ||	The Lord's Sanctuary is the boat to carry us across.	ਹੇ ਭਾਈ! ਪਰਮਾਤਮਾ ਦਾ ਆਸਰਾ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਲਈ ਜਹਾਜ਼ ਹੈ।
38309	894	ਜੀਵਨ ਰੂਪ ਹਰਿ ਚਰਣ॥		Jeevan Roop Har Charan ||	The Lord's Feet are the embodiment of life itself.	ਪ੍ਰਭੂ ਦੇ ਚਰਨਾਂ ਦੀ ਓਟ ਆਤਮਕ ਜੀਵਨ ਦੇਣ ਵਾਲੀ ਹੈ।
38310	895	ਸੰਤਨ ਕੇ ਪ੍ਰਾਣ ਅਧਾਰ॥		Santhan Kae Praan Adhhaar ||	They are the Support of the breath of life of the Saints.	ਪਰਮਾਤਮਾ ਸੰਤ ਜਨਾਂ ਦੀ ਜਿੰਦ ਦਾ ਆਸਰਾ ਹੈ,
38311	895	ਊਚੇ ਤੇ ਊਚ ਅਪਾਰ॥੩॥		Oochae Thae Ooch Apaar ||3||	God is infinite, the highest of the high. ||3||	ਉਹ ਸਭਨਾਂ ਤੋਂ ਉੱਚਾ ਤੇ ਬੇਅੰਤ ਹੈ ॥੩॥
38312	895	ਸੁ ਮਤਿ ਸਾਰੁ ਜਿਤੁ ਹਰਿ ਸਿਮਰੀਜੈ॥	ਸਿਮ-ਰੀਜੈ	S Math Saar Jith Har Simareejai ||	That mind is excellent and sublime, which meditates in remembrance on the Lord.	ਹੇ ਭਾਈ! ਉਹ ਮਤਿ ਗ੍ਰਹਿਣ ਕਰ, ਜਿਸ ਦੀ ਰਾਹੀਂ ਪਰਮਾਤਮਾ ਦਾ ਸਿਮਰਨ ਕੀਤਾ ਜਾ ਸਕੇ,

38313	895	ਕਰਿ ਕਿਰਪਾ ਜਿਸੁ ਆਪੇ ਦੀਜੈ॥		Kar Kirapaa Jis Aapae Dheejai ||	In His Mercy, the Lord Himself bestows it.	(ਪਰ ਉਹੀ ਮਨੁੱਖ ਅਜਿਹੀ ਮਤਿ ਗ੍ਰਹਿਣ ਕਰਦਾ ਹੈ) ਜਿਸ ਨੂੰ ਪ੍ਰਭੂ ਕਿਰਪਾ ਕਰ ਕੇ ਆਪ ਹੀ ਦੇਂਦਾ ਹੈ।
38314	895	ਸੂਖ ਸਹਜ ਆਨੰਦ ਹਰਿ ਨਾਉ॥		Sookh Sehaj Aanandh Har Naao ||	Peace, intuitive poise and bliss are found in the Lord's Name.	ਪਰਮਾਤਮਾ ਦਾ ਨਾਮ ਸੁਖ ਆਤਮਕ ਅਡੋਲਤਾ ਤੇ ਆਨੰਦ (ਦਾ ਸੋਮਾ ਹੈ)।
38315	895	ਨਾਨਕ ਜਪਿਆ ਗੁਰ ਮਿਲਿ ਨਾਉ॥੪॥੨੭॥੩੮॥		Naanak Japiaa Gur Mil Naao ||4||27||38||	Meeting with the Guru, Nanak chants the Name. ||4||27||38||	ਹੇ ਨਾਨਕ! (ਜਿਸ ਨੇ) ਇਹ ਨਾਮ (ਜਪਿਆ ਹੈ) ਗੁਰੂ ਨੂੰ ਮਿਲ ਕੇ ਹੀ ਜਪਿਆ ਹੈ ॥੪॥੨੭॥੩੮॥
38316	895	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38317	895	ਸਗਲ ਸਿਆਨਪ ਛਾਡਿ॥		Sagal Siaanap Shhaadd ||	Abandon all your clever tricks.	ਹੇ ਭਾਈ! ਇਹੋ ਜਿਹੇ ਸਾਰੇ ਖ਼ਿਆਲ ਛੱਡ ਦੇਹ ਕਿ (ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ) ਤੂੰ ਬੜਾ ਸਿਆਣਾ ਹੈਂ,
38318	895	ਕਰਿ ਸੇਵਾ ਸੇਵਕ ਸਾਜਿ॥		Kar Saevaa Saevak Saaj ||	Become His servant, and serve Him.	ਸੇਵਕ ਵਾਲੀ ਭਾਵਨਾ ਨਾਲ (ਗੁਰੂ ਦੇ ਦਰ ਤੇ) ਸੇਵਾ ਕਰਿਆ ਕਰ।
38319	895	ਅਪਨਾ ਆਪੁ ਸਗਲ ਮਿਟਾਇ॥		Apanaa Aap Sagal Mittaae ||	Totally erase your self-conceit.	(ਜਿਹੜਾ ਮਨੁੱਖ ਗੁਰੂ ਦੇ ਦਰ ਤੇ) ਆਪਣਾ ਸਾਰਾ ਆਪਾ-ਭਾਵ ਮਿਟਾ ਦੇਂਦਾ ਹੈ,

38320	895	ਮਨ ਚਿੰਦੇ ਸੇਈ ਫਲ ਪਾਇ॥੧॥		Man Chindhae Saeee Fal Paae ||1||	You shall obtain the fruits of your mind's desires. ||1||	ਉਹੀ ਮਨ ਦੇ ਚਿਤਵੇ ਹੋਏ ਫਲ ਪ੍ਰਾਪਤ ਕਰਦਾ ਹੈ ॥੧॥
38321	895	ਹੋਹੁ ਸਾਵਧਾਨ ਅਪੁਨੇ ਗੁਰ ਸਿਉ॥		Hohu Saavadhhaan Apunae Gur Sio ||	Be awake and aware with your Guru.	ਹੇ ਭਾਈ! ਆਪਣੇ ਗੁਰੂ ਦੇ ਉਪਦੇਸ਼ ਵਲ, ਪੂਰਾ ਧਿਆਨ ਰੱਖਿਆ ਕਰ,
38322	895	ਆਸਾ ਮਨਸਾ ਪੂਰਨ ਹੋਵੈ ਪਾਵਹਿ ਸਗਲ ਨਿਧਾਨ ਗੁਰ ਸਿਉ॥੧॥ਰਹਾਉ॥		Aasaa Manasaa Pooran Hovai Paavehi Sagal Nidhhaan Gur Sio ||1|| Rehaao ||	Your hopes and desires shall be fulfilled, and you shall obtain all treasures from the Guru. ||1||Pause||	ਤੇਰੀ (ਹਰੇਕ) ਆਸ ਪੂਰੀ ਹੋ ਜਾਇਗੀ, ਤੇਰਾ (ਹਰੇਕ) ਮਨ ਦਾ ਫੁਰਨਾ ਪੂਰਾ ਹੋ ਜਾਇਗਾ। ਆਪਣੇ ਗੁਰੂ ਪਾਸੋਂ ਤੂੰ ਸਾਰੇ ਖ਼ਜ਼ਾਨੇ ਹਾਸਲ ਕਰ ਲਏਂਗਾ ॥੧॥ ਰਹਾਉ ॥
38323	895	ਦੂਜਾ ਨਹੀ ਜਾਨੈ ਕੋਇ॥		Dhoojaa Nehee Jaanai Koe ||	Let no one think that God and Guru are separate.	ਹੇ ਭਾਈ! ਗੁਰੂ ਪ੍ਰਭੂ ਤੋਂ ਬਿਨਾ ਕਿਸੇ ਹੋਰ ਨੂੰ (ਵੱਖਰੀ ਹਸਤੀ) ਨਹੀਂ ਜਾਣਦਾ।
38324	895	ਸਤਗੁਰੁ ਨਿਰੰਜਨੁ ਸੋਇ॥		Sathagur Niranjan Soe ||	The True Guru is the Immaculate Lord.	ਗੁਰੂ ਉਸ ਮਾਇਆ-ਰਹਿਤ ਨਿਰਲੇਪ ਪ੍ਰਭੂ ਨੂੰ ਹੀ (ਹਰ ਥਾਂ) ਜਾਣਦਾ ਹੈ।
38325	895	ਮਾਨੁਖ ਕਾ ਕਰਿ ਰੂਪੁ ਨ ਜਾਨੁ॥		Maanukh Kaa Kar Roop N Jaan ||	Do not believe that He is a mere human being;	(ਇਸ ਵਾਸਤੇ ਗੁਰੂ ਨੂੰ) ਨਿਰਾ ਮਨੁੱਖ ਦਾ ਰੂਪ ਹੀ ਨਾਹ ਸਮਝ ਰੱਖ।
38326	895	ਮਿਲੀ ਨਿਮਾਨੇ ਮਾਨੁ॥੨॥		Milee Nimaanae Maan ||2||	He gives honor to the dishonored. ||2||	(ਗੁਰੂ ਦੇ ਦਰ ਤੋਂ ਉਸੇ ਮਨੁੱਖ ਨੂੰ) ਆਦਰ ਮਿਲਦਾ ਹੈ ਜੋ (ਆਪਣੀ ਸਿਆਣਪ ਦਾ) ਅਹੰਕਾਰ ਛੱਡ ਦੇਂਦਾ ਹੈ ॥੨॥
38327	895	ਗੁਰ ਕੀ ਹਰਿ ਟੇਕ ਟਿਕਾਇ॥		Gur Kee Har Ttaek Ttikaae ||	Hold tight to the Support of the Guru, the Lord.	ਹੇ ਭਾਈ! ਪ੍ਰਭੂ ਦੇ ਰੂਪ ਗੁਰੂ ਦਾ ਹੀ ਆਸਰਾ-ਪਰਨਾ ਫੜ,

38328	895	ਅਵਰ ਆਸਾ ਸਭ ਲਾਹਿ॥		Avar Aasaa Sabh Laahi ||	Give up all other hopes.	ਹੋਰ (ਆਸਰਿਆਂ ਦੀਆਂ) ਸਭ ਆਸਾਂ (ਮਨ ਵਿਚੋਂ) ਦੂਰ ਕਰ ਦੇਹ।
38329	895	ਹਰਿ ਕਾ ਨਾਮੁ ਮਾਗੁ ਨਿਧਾਨੁ॥	ਮਾਂਗੁ	Har Kaa Naam Maag Nidhhaan ||	Ask for the treasure of the Name of the Lord,	(ਗੁਰੂ ਦੇ ਦਰ ਤੋਂ ਹੀ) ਪਰਮਾਤਮਾ ਦਾ ਨਾਮ-ਖ਼ਜ਼ਾਨਾ ਮੰਗਿਆ ਕਰ,
38330	895	ਤਾ ਦਰਗਹ ਪਾਵਹਿ ਮਾਨੁ॥੩॥	ਦਰ-ਗਹ	Thaa Dharageh Paavehi Maan ||3||	And then you shall be honored in the Court of the Lord. ||3||	ਤਦੋਂ ਤੂੰ ਪ੍ਰਭੂ ਦੀ ਹਜ਼ੂਰੀ ਵਿਚ ਆਦਰ-ਸਤਕਾਰ ਪ੍ਰਾਪਤ ਕਰੇਂਗਾ ॥੩॥
38331	895	ਗੁਰ ਕਾ ਬਚਨੁ ਜਪਿ ਮੰਤੁ॥		Gur Kaa Bachan Jap Manth ||	Chant the Mantra of the Guru's Word.	ਹੇ ਭਾਈ! ਗੁਰੂ ਦਾ ਬਚਨ ਗੁਰੂ ਦਾ ਸ਼ਬਦ-ਮੰਤ੍ਰ (ਸਦਾ) ਜਪਿਆ ਕਰ,
38332	895	ਏਹਾ ਭਗਤਿ ਸਾਰ ਤਤੁ॥	ਤੱਤੁ	Eaehaa Bhagath Saar Thath ||	This is the essence of true devotional worship.	ਇਹੀ ਵਧੀਆ ਭਗਤੀ ਹੈ, ਇਹੀ ਹੈ ਭਗਤੀ ਦੀ ਅਸਲੀਅਤ।
38333	895	ਸਤਿਗੁਰ ਭਏ ਦਇਆਲ॥		Sathigur Bheae Dhaeiaal ||	When the True Guru becomes merciful,	ਜਿਨ੍ਹਾਂ ਮਨੁੱਖਾਂ ਉਤੇ ਸਤਿਗੁਰੂ ਜੀ ਦਇਆਵਾਨ ਹੁੰਦੇ ਹਨ,
38334	895	ਨਾਨਕ ਦਾਸ ਨਿਹਾਲ॥੪॥੨੮॥੩੯॥		Naanak Dhaas Nihaal ||4||28||39||	Slave Nanak is enraptured. ||4||28||39||	ਹੇ ਨਾਨਕ! ਉਹ ਦਾਸ ਸਦਾ ਚੜ੍ਹਦੀ ਕਲਾ ਵਿਚ ਰਹਿੰਦੇ ਹਨ ॥੪॥੨੮॥੩੯॥
38335	895	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38336	895	ਹੋਵੈ ਸੋਈ ਭਲ ਮਾਨੁ॥		Hovai Soee Bhal Maan ||	Whatever happens, accept that as good.	ਹੇ ਭਾਈ! ਜੋ ਕੁਝ ਪ੍ਰਭੂ ਦੀ ਰਜ਼ਾ ਵਿਚ ਹੋ ਰਿਹਾ ਹੈ ਉਸੇ ਨੂੰ ਭਲਾ ਮੰਨ,

38337	895	ਆਪਨਾ ਤਜਿ ਅਭਿਮਾਨੁ॥		Aapanaa Thaj Abhimaan ||	Leave your egotistical pride behind.	ਆਪਣਾ (ਸਿਆਣਪ ਦਾ) ਮਾਣ ਛੱਡ ਦੇਹ।
38338	895	ਦਿਨੁ ਰੈਨਿ ਸਦਾ ਗੁਨ ਗਾਉ॥		Dhin Rain Sadhaa Gun Gaao ||	Day and night, continually sing the Glorious Praises of the Lord.	ਦਿਨ ਰਾਤ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦਾ ਰਹੁ;
38339	895	ਪੂਰਨ ਏਹੀ ਸੁਆਉ॥੧॥		Pooran Eaehee Suaao ||1||	This is the perfect purpose of human life. ||1||	ਬੱਸ! ਇਹੀ ਹੈ ਠੀਕ ਜੀਵਨ-ਮਨੋਰਥ ॥੧॥
38340	895	ਆਨੰਦ ਕਰਿ ਸੰਤ ਹਰਿ ਜਪਿ॥		Aanandh Kar Santh Har Jap ||	Meditate on the Lord, O Saints, and be in bliss.	ਹੇ ਭਾਈ! (ਸ਼ਾਂਤੀ ਦੇ ਸੋਮੇ) ਸੰਤ-ਹਰੀ ਦਾ ਨਾਮ ਜਪਿਆ ਕਰ ਤੇ (ਇਸ ਤਰ੍ਹਾਂ) ਆਤਮਕ ਆਨੰਦ (ਸਦਾ) ਮਾਣ।
38341	895	ਛਾਡਿ ਸਿਆਨਪ ਬਹੁ ਚਤੁਰਾਈ ਗੁਰ ਕਾ ਜਪਿ ਮੰਤੁ ਨਿਰਮਲ॥੧॥ਰਹਾਉ ॥		Shhaadd Siaanap Bahu Chathuraaee Gur Kaa Jap Manth Niramal ||1|| Rehaao ||	Renounce your cleverness and all your tricks. Chant the Immaculate Chant of the Guru's Mantra. ||1||Pause||	ਗੁਰੂ ਦਾ ਪਵਿੱਤਰ ਸ਼ਬਦ-ਮੰਤ੍ਰ ਜਪਿਆ ਕਰ। ਇਹ ਖ਼ਿਆਲ ਛੱਡ ਦੇਹ ਕਿ ਗੁਰੂ ਦੀ ਅਗਵਾਈ ਤੋਂ ਬਿਨਾ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਤੂੰ ਬੜਾ ਸਿਆਣਾ ਤੇ ਚਤੁਰ ਹੈਂ ॥੧॥ ਰਹਾਉ ॥
38342	895	ਏਕ ਕੀ ਕਰਿ ਆਸ ਭੀਤਰਿ॥		Eaek Kee Kar Aas Bheethar ||	Place the hopes of your mind in the One Lord.	ਹੇ ਭਾਈ! ਇਕ ਪਰਮਾਤਮਾ ਦੀ (ਸਹਾਇਤਾ ਦੀ) ਆਸ ਆਪਣੇ ਮਨ ਵਿਚ ਟਿਕਾਈ ਰੱਖ,

38343	895	ਨਿਰਮਲ ਜਪਿ ਨਾਮੁ ਹਰਿ ਹਰਿ॥		Niramal Jap Naam Har Har ||	Chant the Immaculate Name of the Lord, Har, Har.	ਪਰਮਾਤਮਾ ਦਾ ਪਵਿੱਤਰ ਨਾਮ ਸਦਾ ਜਪਦਾ ਰਹੁ।
38344	895	ਗੁਰ ਕੇ ਚਰਨ ਨਮਸਕਾਰਿ॥		Gur Kae Charan Namasakaar ||	Bow down to the Guru's Feet,	ਗੁਰੂ ਦੇ ਚਰਨਾਂ ਉਤੇ ਆਪਣਾ ਸਿਰ ਨਿਵਾਈ ਰੱਖ।
38345	895	ਭਵਜਲੁ ਉਤਰਹਿ ਪਾਰਿ॥੨॥	ਉੱਤਰ-ਹਿ	Bhavajal Outharehi Paar ||2||	And cross over the terrifying world-ocean. ||2||	(ਇਸ ਤਰ੍ਹਾਂ) ਤੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਏਂਗਾ ॥੨॥
38346	895	ਦੇਵਨਹਾਰ ਦਾਤਾਰ॥		Dhaevanehaar Dhaathaar ||	The Lord God is the Great Giver.	(ਹੇ ਭਾਈ! ਇਹ ਯਾਦ ਰੱਖ ਕਿ) ਦਾਤਾਂ ਦੇਣ ਵਾਲਾ ਪ੍ਰਭੂ (ਸਭ ਕੁਝ) ਦੇਣ ਦੇ ਸਮਰੱਥ ਹੈ,
38347	895	ਅੰਤੁ ਨ ਪਾਰਾਵਾਰ॥		Anth N Paaraavaar ||	He has no end or limitation.	ਉਸ ਦਾ ਅੰਤ ਨਹੀਂ ਪੈ ਸਕਦਾ, ਉਸ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ।
38348	895	ਜਾ ਕੈ ਘਰਿ ਸਰਬ ਨਿਧਾਨ॥		Jaa Kai Ghar Sarab Nidhhaan ||	All treasures are in His home.	ਹੇ ਭਾਈ! ਜਿਸ ਪ੍ਰਭੂ ਦੇ ਘਰ ਵਿਚ ਸਾਰੇ ਖ਼ਜ਼ਾਨੇ ਮੌਜੂਦ ਹਨ,
38349	895	ਰਾਖਨਹਾਰ ਨਿਦਾਨ॥੩॥		Raakhanehaar Nidhaan ||3||	He will be your Saving Grace in the end. ||3||	ਉਹੀ ਆਖ਼ਰ ਰੱਖਿਆ ਕਰਨ ਜੋਗਾ ਹੈ ॥੩॥
38350	895	ਨਾਨਕ ਪਾਇਆ ਏਹੁ ਨਿਧਾਨ॥		Naanak Paaeiaa Eaehu Nidhhaan ||	Nanak has obtained this treasure,	ਨਾਨਕ ਨੇ ਇਹ ਖ਼ਜ਼ਾਨਾ ਪ੍ਰਾਪਤ ਕਰ ਲਿਆ,
38351	895	ਹਰੇ ਹਰਿ ਨਿਰਮਲ ਨਾਮ॥		Harae Har Niramal Naam ||	The immaculate Name of the Lord, Har, Har.	ਜਿਸ ਵਿੱਚ ਪਰਮਾਤਮਾ ਦਾ ਪਵਿੱਤਰ ਨਾਮ (ਮਾਨੋ ਧਨ ਹੈ)।

38352	895	ਜੋ ਜਪੈ ਤਿਸ ਕੀ ਗਤਿ ਹੋਇ॥		Jo Japai This Kee Gath Hoe ||	Whoever chants it, is emancipated.	ਜੋ ਮਨੁੱਖ ਇਸ ਨਾਮ ਨੂੰ (ਸਦਾ) ਜਪਦਾ ਹੈ ਉਸ ਦੀ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ।
38353	895	ਨਾਨਕ ਕਰਮਿ ਪਰਾਪਤਿ ਹੋਇ॥੪॥੨੯॥੪੦॥		Naanak Karam Paraapath Hoe ||4||29||40||	It is obtained only by His Grace. ||4||29||40||	ਪਰ, ਹੇ ਨਾਨਕ! ਇਹ ਨਾਮ-ਖ਼ਜ਼ਾਨਾ ਪਰਮਾਤਮਾ ਦੀ ਮਿਹਰ ਨਾਲ ਹੀ ਮਿਲਦਾ ਹੈ ॥੪॥੨੯॥੪੦॥
38354	895	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38355	895	ਦੁਲਭ ਦੇਹ ਸਵਾਰਿ॥	ਦੁ-ਲਭ	Dhulabh Dhaeh Savaar ||	Make this invaluable human life fruitful.	(ਹੇ ਭਾਈ! ਪਰਮਾਤਮਾ ਦੇ ਗੁਣ ਗਾ ਕੇ) ਇਸ ਮਨੁੱਖਾ ਸਰੀਰ ਨੂੰ ਸਫਲ ਕਰ ਲੈ ਜੋ ਬੜੀ ਮੁਸ਼ਕਿਲ ਨਾਲ ਮਿਲਦਾ ਹੈ,
38356	895	ਜਾਹਿ ਨ ਦਰਗਹ ਹਾਰਿ॥		Jaahi N Dharageh Haar ||	You shall not be destroyed when you go to the Lord's Court.	(ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਤੂੰ ਇਥੋਂ ਮਨੁੱਖਾ ਜਨਮ ਦੀ ਬਾਜ਼ੀ) ਹਾਰ ਕੇ ਦਰਗਾਹ ਵਿਚ ਨਹੀਂ ਜਾਏਂਗਾ।
38357	895	ਹਲਤਿ ਪਲਤਿ ਤੁਧੁ ਹੋਇ ਵਡਿਆਈ॥		Halath Palath Thudhh Hoe Vaddiaaee ||	In this world and the next, you shall obtain honor and glory.	ਤੈਨੂੰ ਇਸ ਲੋਕ ਵਿਚ ਅਤੇ ਪਰਲੋਕ ਵਿਚ ਸੋਭਾ ਮਿਲੇਗੀ।

38358	895	ਅੰਤ ਕੀ ਬੇਲਾ ਲਏ ਛਡਾਈ ॥੧॥		Anth Kee Baelaa Leae Shhaddaaee ||1||	At the very last moment, He will save you. ||1||	(ਪਰਮਾਤਮਾ ਦੀ ਸਿਫ਼ਤਿ-ਸਾਲਾਹ) ਤੈਨੂੰ ਅਖ਼ੀਰ ਵੇਲੇ ਭੀ (ਮਾਇਆ ਦੇ ਮੋਹ ਦੇ ਬੰਧਨਾਂ ਤੋਂ) ਛਡਾ ਲਏਗੀ ॥੧॥
38359	895	ਰਾਮ ਕੇ ਗੁਨ ਗਾਉ॥		Raam Kae Gun Gaao ||	Sing the Glorious Praises of the Lord.	(ਹੇ ਭਾਈ!) ਪਰਮਾਤਮਾ ਦੇ ਗੁਣ ਗਾਇਆ ਕਰ।
38360	895	ਹਲਤੁ ਪਲਤੁ ਹੋਹਿ ਦੋਵੈ ਸੁਹੇਲੇ ਅਚਰਜ ਪੁਰਖੁ ਧਿਆਉ॥੧॥ਰਹਾਉ ॥	ਅ-ਚਰਜ	Halath Palath Hohi Dhovai Suhaelae Acharaj Purakh Dhhiaao ||1|| Rehaao ||	In both this world and the next, you shall be embellished with beauty, meditating on the wondrous Primal Lord God. ||1||Pause||	ਅਚਰਜ-ਰੂਪ ਅਕਾਲ ਪੁਰਖ ਦਾ ਧਿਆਨ ਧਰਿਆ ਕਰ, (ਇਸ ਤਰ੍ਹਾਂ ਤੇਰਾ) ਇਹ ਲੋਕ (ਅਤੇ ਤੇਰਾ) ਪਰਲੋਕ ਦੋਵੇਂ ਸੁਖੀ ਹੋ ਜਾਣਗੇ ॥੧॥ ਰਹਾਉ ॥
38361	895	ਊਠਤ ਬੈਠਤ ਹਰਿ ਜਾਪੁ॥		Oothath Baithath Har Jaap ||	While standing up and sitting down, meditate on the Lord,	(ਹੇ ਭਾਈ!) ਉਠਦਿਆਂ ਬੈਠਦਿਆਂ (ਹਰ ਵੇਲੇ) ਪਰਮਾਤਮਾ ਦਾ ਨਾਮ ਜਪਿਆ ਕਰ,
38362	895	ਬਿਨਸੈ ਸਗਲ ਸੰਤਾਪੁ॥		Binasai Sagal Santhaap ||	And all your troubles shall depart.	(ਨਾਮ ਦੀ ਬਰਕਤਿ ਨਾਲ) ਸਾਰਾ ਦੁੱਖ-ਕਲੇਸ਼ ਮਿਟ ਜਾਂਦਾ ਹੈ।
38363	895	ਬੈਰੀ ਸਭਿ ਹੋਵਹਿ ਮੀਤ॥		Bairee Sabh Hovehi Meeth ||	All your enemies will become friends.	(ਨਾਮ ਜਪਿਆਂ ਤੇਰੇ) ਸਾਰੇ ਵੈਰੀ (ਤੇਰੇ) ਮਿੱਤਰ ਬਣ ਜਾਣਗੇ,
38364	895	ਨਿਰਮਲੁ ਤੇਰਾ ਹੋਵੈ ਚੀਤ॥੨॥		Niramal Thaeraa Hovai Cheeth ||2||	Your consciousness shall be immaculate and pure. ||2||	ਤੇਰਾ ਆਪਣਾ ਮਨ (ਵੈਰ ਆਦਿਕ ਤੋਂ) ਪਵਿੱਤਰ ਹੋ ਜਾਏਗਾ ॥੨॥

38365	895	ਸਭ ਤੇ ਊਤਮ ਇਹੁ ਕਰਮੁ॥		Sabh Thae Ootham Eihu Karam ||	This is the most exalted deed.	(ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਨਾ ਹੀ) ਸਾਰੇ ਕੰਮਾਂ ਤੋਂ ਚੰਗਾ ਕੰਮ ਹੈ,
38366	895	ਸਗਲ ਧਰਮ ਮਹਿ ਸ੍ਰੇਸਟ ਧਰਮੁ॥		Sagal Dhharam Mehi Sraesatt Dhharam ||	Of all faiths, this is the most sublime and excellent faith.	ਸਾਰੇ ਧਰਮਾਂ ਵਿਚੋਂ ਇਹੀ ਵਧੀਆ ਧਰਮ ਹੈ।
38367	895	ਹਰਿ ਸਿਮਰਨਿ ਤੇਰਾ ਹੋਇ ਉਧਾਰੁ॥		Har Simaran Thaeraa Hoe Oudhhaar ||	Meditating in remembrance on the Lord, you shall be saved.	ਹੇ ਭਾਈ! ਪਰਮਾਤਮਾ ਦਾ ਸਿਮਰਨ ਕਰਨ ਨਾਲ ਤੇਰਾ ਪਾਰ-ਉਤਾਰਾ ਹੋ ਜਾਏਗਾ।
38368	895	ਜਨਮ ਜਨਮ ਕਾ ਉਤਰੈ ਭਾਰੁ॥੩॥		Janam Janam Kaa Outharai Bhaar ||3||	You shall be rid of the burden of countless incarnations. ||3||	(ਸਿਮਰਨ ਦੀ ਬਰਕਤਿ ਨਾਲ) ਅਨੇਕਾਂ ਜਨਮਾਂ (ਦੇ ਵਿਕਾਰਾਂ ਦੀ ਮੈਲ) ਦਾ ਭਾਰ ਲਹਿ ਜਾਂਦਾ ਹੈ ॥੩॥
38369	895	ਪੂਰਨ ਤੇਰੀ ਹੋਵੈ ਆਸ॥		Pooran Thaeree Hovai Aas ||	Your hopes shall be fulfilled,	(ਹੇ ਭਾਈ! ਸਿਮਰਨ ਕਰਦਿਆਂ) ਤੇਰੀ (ਹਰੇਕ) ਆਸ ਪੂਰੀ ਹੋ ਜਾਏਗੀ,
38370	895	ਜਮ ਕੀ ਕਟੀਐ ਤੇਰੀ ਫਾਸ॥		Jam Kee Katteeai Thaeree Faas ||	And the noose of the Messenger of Death will be cut away.	ਤੇਰੀ ਜਮਾਂ ਵਾਲੀ ਫਾਹੀ (ਭੀ) ਕੱਟੀ ਜਾਏਗੀ।
38371	895	ਗੁਰ ਕਾ ਉਪਦੇਸੁ ਸੁਨੀਜੈ॥		Gur Kaa Oupadhaes Suneejai ||	So listen to the Guru's Teachings.	(ਹੇ ਭਾਈ!) ਗੁਰੂ ਦਾ (ਇਹ ਨਾਮ ਸਿਮਰਨ ਦਾ) ਉਪਦੇਸ਼ (ਸਦਾ) ਸੁਣਨਾ ਚਾਹੀਦਾ ਹੈ।

38372	895	ਨਾਨਕ ਸੁਖਿ ਸਹਜਿ ਸਮੀਜੈ॥੪॥੩੦॥੪੧॥		Naanak Sukh Sehaj Sameejai ||4||30||41||	O Nanak, you shall be absorbed in celestial peace. ||4||30||41||	ਹੇ ਨਾਨਕ! (ਆਖ-) ਇਸ ਦੀ ਬਰਕਤਿ ਨਾਲ) ਆਤਮਕ ਸੁਖ ਵਿਚ ਆਤਮਕ ਅਡੋਲਤਾ ਵਿਚ ਟਿਕ ਜਾਈਦਾ ਹੈ ॥੪॥੩੦॥੪੧॥
38373	896	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38374	896	ਜਿਸ ਕੀ ਤਿਸ ਕੀ ਕਰਿ ਮਾਨੁ॥		Jis Kee This Kee Kar Maan ||	Honor the One, to whom everything belongs.	ਹੇ ਭਾਈ! ਜਿਸ ਪ੍ਰਭੂ ਦਾ ਦਿੱਤਾ ਹੋਇਆ (ਇਹ ਸਰੀਰ ਆਦਿਕ) ਹੈ, ਉਸੇ ਦਾ ਹੀ ਮੰਨ।
38375	896	ਆਪਨ ਲਾਹਿ ਗੁਮਾਨੁ॥		Aapan Laahi Gumaan ||	Leave your egotistical pride behind.	(ਇਹ ਸਰੀਰ ਆਦਿਕ ਮੇਰਾ ਹੈ ਮੇਰਾ ਹੈ) ਆਪਣਾ (ਇਹ ਅਹੰਕਾਰ ਦੂਰ ਕਰ)।
38376	896	ਜਿਸ ਕਾ ਤੂ ਤਿਸ ਕਾ ਸਭੁ ਕੋਇ॥		Jis Kaa Thoo This Kaa Sabh Koe ||	You belong to Him; everyone belongs to Him.	ਹਰੇਕ ਜੀਵ ਉਸੇ ਪ੍ਰਭੂ ਦਾ ਬਣਾਇਆ ਹੋਇਆ ਹੈ ਜਿਸ ਦਾ ਤੂੰ ਪੈਦਾ ਕੀਤਾ ਹੋਇਆ ਹੈਂ।
38377	896	ਤਿਸਹਿ ਅਰਾਧਿ ਸਦਾ ਸੁਖੁ ਹੋਇ॥੧॥		Thisehi Araadhh Sadhaa Sukh Hoe ||1||	Worship and adore Him, and you shall be at peace forever. ||1||	ਉਸ ਪ੍ਰਭੂ ਦਾ ਸਿਮਰਨ ਕੀਤਿਆਂ ਸਦਾ ਆਤਮਕ ਸੁਖ ਮਿਲਦਾ ਹੈ ॥੧॥
38378	896	ਕਾਹੇ ਭ੍ਰਮਿ ਭ੍ਰਮਹਿ ਬਿਗਾਨੇ॥		Kaahae Bhram Bhramehi Bigaanae ||	Why do you wander in doubt, you fool?	ਹੇ ਪ੍ਰਭੂ ਤੋਂ ਵਿਛੁੜੇ ਹੋਏ ਜੀਵ! ਕਿਉਂ (ਅਪਣੱਤ ਦੇ) ਭੁਲੇਖੇ ਵਿਚ ਪੈ ਕੇ ਭਟਕ ਰਿਹਾ ਹੈਂ?

38379	896	ਨਾਮ ਬਿਨਾ ਕਿਛੁ ਕਾਮਿ ਨ ਆਵੈ ਮੇਰਾ ਮੇਰਾ ਕਰਿ ਬਹੁਤੁ ਪਛੁਤਾਨੇ॥੧॥ਰਹਾਉ ॥		Naam Binaa Kishh Kaam N Aavai Maeraa Maeraa Kar Bahuth Pashhuthaanae ||1|| Rehaao ||	Without the Naam, the Name of the Lord, nothing is of any use at all. Crying out, 'Mine, mine', a great many have departed, regretfully repenting. ||1||Pause||	ਪਰਮਾਤਮਾ ਦੇ ਨਾਮ ਤੋਂ ਬਿਨਾ (ਹੋਰ ਕੋਈ ਸ਼ੈ ਕਿਸੇ ਦੇ) ਕੰਮ ਨਹੀਂ ਆਉਂਦੀ। (ਇਹ) ਮੇਰਾ (ਸਰੀਰ ਹੈ, ਇਹ) ਮੇਰਾ (ਧਨ ਹੈ)-ਇਉਂ ਆਖ ਆਖ ਕੇ (ਅਨੇਕਾਂ ਹੀ ਜੀਵ) ਬਹੁਤ ਪਛੁਤਾਂਦੇ ਗਏ ॥੧॥ ਰਹਾਉ ॥
38380	896	ਜੋ ਜੋ ਕਰੈ ਸੋਈ ਮਾਨਿ ਲੇਹੁ॥		Jo Jo Karai Soee Maan Laehu ||	Whatever the Lord has done, accept that as good.	ਹੇ ਭਾਈ! ਪਰਮਾਤਮਾ ਜੋ ਕੁਝ ਕਰਦਾ ਹੈ ਉਸੇ ਨੂੰ ਠੀਕ ਮੰਨਿਆ ਕਰ।
38381	896	ਬਿਨੁ ਮਾਨੇ ਰਲਿ ਹੋਵਹਿ ਖੇਹ॥		Bin Maanae Ral Hovehi Khaeh ||	Without accepting, you shall mingle with dust.	(ਰਜ਼ਾ ਨੂੰ) ਮੰਨਣ ਤੋਂ ਬਿਨਾ (ਮਿੱਟੀ ਵਿਚ) ਮਿਲ ਕੇ ਮਿੱਟੀ ਹੋ ਜਾਏਂਗਾ।
38382	896	ਤਿਸ ਕਾ ਭਾਣਾ ਲਾਗੈ ਮੀਠਾ॥		This Kaa Bhaanaa Laagai Meethaa ||	His Will seems sweet to me.	ਹੇ ਭਾਈ! ਜਿਸ ਕਿਸੇ ਬੰਦੇ ਨੂੰ ਪਰਮਾਤਮਾ ਦੀ ਰਜ਼ਾ ਮਿੱਠੀ ਲੱਗਦੀ ਹੈ,
38383	896	ਗੁਰ ਪ੍ਰਸਾਦਿ ਵਿਰਲੇ ਮਨਿ ਵੂਠਾ॥੨॥		Gur Prasaadh Viralae Man Voothaa ||2||	By Guru's Grace, He comes to dwell in the mind. ||2||	ਗੁਰੂ ਦੀ ਕਿਰਪਾ ਨਾਲ ਉਸ ਦੇ ਮਨ ਵਿਚ ਪਰਮਾਤਮਾ ਆਪ ਆ ਵੱਸਦਾ ਹੈ ॥੨॥
38384	896	ਵੇਪਰਵਾਹੁ ਅਗੋਚਰੁ ਆਪਿ॥		Vaeparavaahu Agochar Aap ||	He Himself is carefree and independent, imperceptible.	ਹੇ ਮਨ! ਜਿਸ ਪਰਮਾਤਮਾ ਨੂੰ ਕਿਸੇ ਦੀ ਮੁਥਾਜੀ ਨਹੀਂ, ਜੀਵ ਦੇ ਗਿਆਨ-ਇੰਦ੍ਰਿਆਂ ਦੀ ਜਿਸ ਤਕ ਪਹੁੰਚ ਨਹੀਂ ਹੋ ਸਕਦੀ,
38385	896	ਆਠ ਪਹਰ ਮਨ ਤਾ ਕਉ ਜਾਪਿ॥		Aath Pehar Man Thaa Ko Jaap ||	Twenty-four hours a day, O mind, meditate on Him.	ਹੇ ਮਨ! ਅੱਠੇ ਪਹਿਰ ਉਸ ਨੂੰ ਜਪਿਆ ਕਰ।

38386	896	ਜਿਸੁ ਚਿਤਿ ਆਏ ਬਿਨਸਹਿ ਦੁਖਾ॥	ਦੁੱਖਾ	Jis Chith Aaeae Binasehi Dhukhaa ||	When He comes into the consciousness, pain is dispelled.	ਜੇ ਉਹ ਪਰਮਾਤਮਾ (ਤੇਰੇ) ਚਿੱਤ ਵਿਚ ਆ ਵੱਸੇ, ਤਾਂ ਤੇਰੇ ਸਾਰੇ ਦੁੱਖ ਨਾਸ ਹੋ ਜਾਣਗੇ,
38387	896	ਹਲਤਿ ਪਲਤਿ ਤੇਰਾ ਊਜਲ ਮੁਖਾ॥੩॥	ਮੁੱਖਾ	Halath Palath Thaeraa Oojal Mukhaa ||3||	Here and hereafter, your face shall be radiant and bright. ||3||	ਇਸ ਲੋਕ ਵਿਚ ਅਤੇ ਪਰਲੋਕ ਵਿਚ ਤੇਰਾ ਮੂੰਹ ਉਜਲਾ ਰਹੇਗਾ ॥੩॥
38388	896	ਕਉਨ ਕਉਨ ਉਧਰੇ ਗੁਨ ਗਾਇ॥		Koun Koun Oudhharae Gun Gaae ||	Who, and how many have been saved, singing the Glorious Praises of the Lord?	ਹੇ ਭਾਈ! ਪਰਮਾਤਮਾ ਦੇ ਗੁਣ ਗਾ ਗਾ ਕੇ ਕੌਣ ਕੌਣ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ,
38389	896	ਗਨਣੁ ਨ ਜਾਈ ਕੀਮ ਨ ਪਾਇ॥		Ganan N Jaaee Keem N Paae ||	They cannot be counted or evaluated.	ਇਸ ਗੱਲ ਦਾ ਲੇਖਾ ਨਹੀਂ ਕੀਤਾ ਜਾ ਸਕਦਾ। ਪਰਮਾਤਮਾ ਦੇ ਗੁਣ ਗਾਣ ਦਾ ਮੁੱਲ ਨਹੀਂ ਪੈ ਸਕਦਾ।
38390	896	ਬੂਡਤ ਲੋਹ ਸਾਧਸੰਗਿ ਤਰੈ॥		Booddath Loh Saadhhasang Tharai ||	Even the sinking iron is saved, in the Saadh Sangat, the Company of the Holy,	ਲੋਹੇ ਵਰਗਾ ਕਠੋਰ-ਚਿੱਤ ਬੰਦਾ ਭੀ ਗੁਰੂ ਦੀ ਸੰਗਤਿ ਵਿਚ ਰਹਿ ਕੇ ਪਾਰ ਲੰਘ ਜਾਂਦਾ ਹੈ।
38391	896	ਨਾਨਕ ਜਿਸਹਿ ਪਰਾਪਤਿ ਕਰੈ॥੪॥੩੧॥੪੨॥		Naanak Jisehi Paraapath Karai ||4||31||42||	O Nanak, as His Grace is received. ||4||31||42||	ਪਰ, ਹੇ ਨਾਨਕ! (ਗੁਣ ਗਾਣ ਦਾ ਉੱਦਮ ਉਹੀ ਮਨੁੱਖ) ਕਰਦਾ ਹੈ ਜਿਸ ਨੂੰ ਧੁਰੋਂ ਇਹ ਦਾਤ ਪ੍ਰਾਪਤ ਹੋਵੇ ॥੪॥੩੧॥੪੨॥
38392	896	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	

38393	896	ਮਨ ਮਾਹਿ ਜਾਪਿ ਭਗਵੰਤੁ॥		Man Maahi Jaap Bhagavanth ||	In your mind, meditate on the Lord God.	ਹੇ ਭਾਈ! -ਆਪਣੇ ਮਨ ਵਿਚ ਭਗਵਾਨ ਦਾ ਨਾਮ ਜਪਿਆ ਕਰ-
38394	896	ਗੁਰਿ ਪੂਰੈ ਇਹੁ ਦੀਨੋ ਮੰਤੁ॥		Gur Poorai Eihu Dheeno Manth ||	This is the Teaching given by the Perfect Guru.	ਪੂਰੇ ਗੁਰੂ ਨੇ (ਜਿਸ ਮਨੁੱਖ ਨੂੰ) ਇਹ ਉਪਦੇਸ਼ ਦਿੱਤਾ,
38395	896	ਮਿਟੇ ਸਗਲ ਭੈ ਤ੍ਰਾਸ॥		Mittae Sagal Bhai Thraas ||	All fears and terrors are taken away,	ਉਸ ਮਨੁੱਖ ਦੇ ਸਾਰੇ ਡਰ ਸਹਿਮ ਮਿਟ ਜਾਂਦੇ ਹਨ,
38396	896	ਪੂਰਨ ਹੋਈ ਆਸ॥੧॥		Pooran Hoee Aas ||1||	And your hopes shall be fulfilled. ||1||	ਅਤੇ ਉਸ ਦੀ ਹਰੇਕ ਆਸ ਪੂਰੀ ਹੋ ਜਾਂਦੀ ਹੈ ॥੧॥
38397	896	ਸਫਲ ਸੇਵਾ ਗੁਰਦੇਵਾ॥		Safal Saevaa Guradhaevaa ||	Service to the Divine Guru is fruitful and rewarding.	ਹੇ ਭਾਈ! ਸਭ ਤੋਂ ਵੱਡੇ ਦੇਵਤੇ ਪ੍ਰਭੂ ਦੀ ਭਗਤੀ-ਸੇਵਾ (ਜ਼ਰੂਰ) ਫਲ ਦੇਣ ਵਾਲੀ ਹੈ।
38398	896	ਕੀਮਤਿ ਕਿਛੁ ਕਹਣੁ ਨ ਜਾਈ ਸਾਚੇ ਸਚੁ ਅਲਖ ਅਭੇਵਾ॥੧॥ਰਹਾਉ॥	ਅ-ਲਖ	Keemath Kishh Kehan N Jaaee Saachae Sach Alakh Abhaevaa ||1|| Rehaao ||	His value cannot be described; the True Lord is unseen and mysterious. ||1||Pause||	ਉਹ ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ। ਉਸ ਸਦਾ-ਥਿਰ ਅਲੱਖ ਤੇ ਅਭੇਵ ਪ੍ਰਭੂ ਦਾ ਰਤਾ ਭਰ ਭੀ ਮੁੱਲ ਦੱਸਿਆ ਨਹੀਂ ਜਾ ਸਕਦਾ ॥੧॥ ਰਹਾਉ ॥
38399	896	ਕਰਨ ਕਰਾਵਨ ਆਪਿ॥		Karan Karaavan Aap ||	He Himself is the Doer, the Cause of causes.	ਹੇ (ਮੇਰੇ) ਮਨ! ਜਿਹੜਾ ਪ੍ਰਭੂ ਆਪ ਸਭ ਕੁਝ ਕਰਨ-ਜੋਗਾ ਤੇ ਹੋਰਨਾਂ ਪਾਸੋਂ ਕਰਾ ਸਕਦਾ ਹੈ,
38400	896	ਤਿਸ ਕਉ ਸਦਾ ਮਨ ਜਾਪਿ॥		This Ko Sadhaa Man Jaap ||	Meditate on Him forever, O my mind,	ਉਸ ਨੂੰ ਸਦਾ ਸਿਮਰਿਆ ਕਰ।

38401	896	ਤਿਸ ਕੀ ਸੇਵਾ ਕਰਿ ਨੀਤ॥		This Kee Saevaa Kar Neeth ||	And continually serve Him.	ਹੇ ਮਿੱਤਰ! ਉਸ ਪ੍ਰਭੂ ਦੀ ਸਦਾ ਸੇਵਾ-ਭਗਤੀ ਕਰਿਆ ਕਰ,
38402	896	ਸਚੁ ਸਹਜੁ ਸੁਖੁ ਪਾਵਹਿ ਮੀਤ॥੨॥		Sach Sehaj Sukh Paavehi Meeth ||2||	You shall be blessed with truth, intuition and peace, O my friend. ||2||	ਤੂੰ ਅਟੱਲ ਸੁਖ ਮਾਣੇਂਗਾ, ਤੂੰ ਆਤਮਕ ਅਡੋਲਤਾ ਹਾਸਲ ਕਰ ਲਏਂਗਾ ॥੨॥
38403	896	ਸਾਹਿਬੁ ਮੇਰਾ ਅਤਿ ਭਾਰਾ॥		Saahib Maeraa Ath Bhaaraa ||	My Lord and Master is so very great.	ਹੇ ਭਾਈ! ਮੇਰਾ ਮਾਲਕ-ਪ੍ਰਭੂ ਬਹੁਤ ਗੰਭੀਰ ਹੈ,
38404	896	ਖਿਨ ਮਹਿ ਥਾਪਿ ਉਥਾਪਨਹਾਰਾ॥	ਉਥਾਪਨ-ਹਾਰਾ	Khin Mehi Thhaap Outhhaapanehaara ||	In an instant, He establishes and disestablishes.	ਇਕ ਖਿਨ ਵਿਚ ਪੈਦਾ ਕਰ ਕੇ ਨਾਸ ਭੀ ਕਰ ਸਕਦਾ ਹੈ।
38405	896	ਤਿਸੁ ਬਿਨੁ ਅਵਰੁ ਨ ਕੋਈ॥		This Bin Avar N Koee ||	There is no other than Him.	ਉਸ ਤੋਂ ਬਿਨਾ ਕੋਈ ਹੋਰ (ਰੱਖਿਆ ਕਰ ਸਕਣ ਵਾਲਾ) ਨਹੀਂ ਹੈ।
38406	896	ਜਨ ਕਾ ਰਾਖਾ ਸੋਈ॥੩॥		Jan Kaa Raakhaa Soee ||3||	He is the Saving Grace of His humble servant. ||3||	ਉਹ ਪ੍ਰਭੂ ਆਪਣੇ ਸੇਵਕ ਦਾ ਆਪ ਹੀ ਰਾਖਾ ਹੈ ॥੩॥
38407	896	ਕਰਿ ਕਿਰਪਾ ਅਰਦਾਸਿ ਸੁਣੀਜੈ॥		Kar Kirapaa Aradhaas Suneejai ||	Please take pity on me, and hear my prayer,	ਕਿਰਪਾ ਕਰ ਕੇ ਮੇਰੀ ਅਰਜ਼ੋਈ ਸੁਣ,
38408	896	ਅਪਣੇ ਸੇਵਕ ਕਉ ਦਰਸਨੁ ਦੀਜੈ॥		Apanae Saevak Ko Dharasan Dheejai ||	That Your servant may behold the Blessed Vision of Your Darshan.	(ਉਸ ਦੇ ਦਰ ਤੇ ਅਰਦਾਸ ਕਰ ਤੇ ਆਖ-ਹੇ ਪ੍ਰਭੂ!) ਆਪਣੇ ਸੇਵਕ ਨੂੰ ਦਰਸ਼ਨ ਦੇਹ।

38409	896	ਨਾਨਕ ਜਾਪੀ ਜਪੁ ਜਾਪੁ॥		Naanak Jaapee Jap Jaap ||	Nanak chants the Chant of the Lord,	ਨਾਨਕ ਸਦਾ ਹੀ ਉਸ ਪ੍ਰਭੂ ਦਾ ਨਾਮ ਦਾ ਜਾਪ ਜਪਦਾ ਰਹੇ,
38410	896	ਸਭ ਤੇ ਊਚ ਜਾ ਕਾ ਪਰਤਾਪੁ॥੪॥੩੨॥ ੪੩॥		Sabh Thae Ooch Jaa Kaa Parathaap ||4||32||43||	Whose glory and radiance are the highest of all. ||4||32||43||	ਜਿਸ ਦਾ ਤੇਜ-ਬਲ ਸਭਨਾਂ ਤੋਂ ਉੱਚਾ ਹੈ ॥੪॥੩੨॥੪੩॥
38411	896	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38412	896	ਬਿਰਥਾ ਭਰਵਾਸਾ ਲੋਕ॥		Birathhaa Bharavaasaa Lok ||	Reliance on mortal man is useless.	ਹੇ ਮਨ! ਦੁਨੀਆ ਦੀ ਮਦਦ ਦੀ ਆਸ ਰੱਖਣੀ ਵਿਅਰਥ ਹੈ।
38413	896	ਠਾਕੁਰ ਪ੍ਰਭ ਤੇਰੀ ਟੇਕ॥		Thaakur Prabh Thaeree Ttaek ||	O God, my Lord and Master, You are my only Support.	ਹੇ ਮੇਰੇ ਠਾਕੁਰ! ਹੇ ਮੇਰੇ ਪ੍ਰਭੂ! (ਮੈਨੂੰ ਤਾਂ) ਤੇਰਾ ਹੀ ਆਸਰਾ ਹੈ।
38414	896	ਅਵਰ ਛੂਟੀ ਸਭ ਆਸ॥		Avar Shhoottee Sabh Aas ||	I have discarded all other hopes.	ਹੇ ਭਾਈ! (ਉਸ ਮਨੁੱਖ ਦੀ ਦੁਨੀਆ ਤੋਂ ਕਿਸੇ ਮਦਦ ਦੀ) ਹਰੇਕ ਆਸ ਮੁੱਕ ਜਾਂਦੀ ਹੈ,
38415	896	ਅਚਿੰਤ ਠਾਕੁਰ ਭੇਟੇ ਗੁਣਤਾਸ॥੧॥		Achinth Thaakur Bhaettae Gunathaas ||1||	I have met with my carefree Lord and Master, the treasure of virtue. ||1||	ਜਿਹੜਾ ਮਨੁੱਖ ਗੁਣਾਂ ਦੇ ਖ਼ਜ਼ਾਨੇ ਚਿੰਤਾ-ਰਹਿਤ ਮਾਲਕ-ਪ੍ਰਭੂ ਨੂੰ ਮਿਲ ਪੈਂਦਾ ਹੈ ॥੧॥
38416	896	ਏਕੋ ਨਾਮੁ ਧਿਆਇ ਮਨ ਮੇਰੇ॥		Eaeko Naam Dhhiaae Man Maerae ||	Meditate on the Name of the Lord alone, O my mind.	ਹੇ ਮੇਰੇ ਮਨ! ਸਿਰਫ਼ ਪਰਮਾਤਮਾ ਦਾ ਨਾਮ ਸਿਮਰਿਆ ਕਰ,

38417	896	ਕਾਰਜੁ ਤੇਰਾ ਹੋਵੈ ਪੂਰਾ ਹਰਿ ਹਰਿ ਹਰਿ ਗੁਣ ਗਾਇ ਮਨ ਮੇਰੇ॥੧॥ਰਹਾਉ॥		Kaaraj Thaeraa Hovai Pooraa Har Har Har Gun Gaae Man Maerae ||1|| Rehaao ||	Your affairs shall be perfectly resolved; sing the Glorious Praises of the Lord, Har, Har, Har, O my mind. ||1||Pause||	ਸਦਾ ਪਰਮਾਤਮਾ ਦੇ ਗੁਣ ਗਾਇਆ ਕਰ। ਤੇਰਾ (ਸਿਮਰਨ ਕਰਨ ਵਾਲਾ ਇਹ) ਕੰਮ ਜ਼ਰੂਰ ਸਿਰੇ ਚੜ੍ਹੇਗਾ (ਭਾਵ, ਜ਼ਰੂਰ ਫਲ ਦੇਵੇਗਾ) ॥੧॥ ਰਹਾਉ ॥
38418	896	ਤੁਮ ਹੀ ਕਾਰਨ ਕਰਨ॥		Thum Hee Kaaran Karan ||	You are the Doer, the Cause of causes.	ਹੇ ਪ੍ਰਭੂ! ਇਸ ਜਗਤ-ਰਚਨਾ ਦਾ ਬਣਾਣ ਵਾਲਾ ਤੂੰ ਹੀ ਹੈਂ।
38419	896	ਚਰਨਕਮਲ ਹਰਿ ਸਰਨ ॥		Charan Kamal Har Saran ||	Your lotus feet, Lord, are my Sanctuary.	(ਮੈਂ ਤਾਂ ਸਦਾ) ਤੇਰੇ ਸੋਹਣੇ ਚਰਨਾਂ ਦੀ ਸਰਨ ਵਿਚ ਰਹਿੰਦਾ ਹਾਂ।
38420	896	ਮਨਿ ਤਨਿ ਹਰਿ ਓਹੀ ਧਿਆਇਆ॥		Man Than Har Ouhee Dhhiaaeiaa ||	I meditate on the Lord in my mind and body.	ਹੇ ਭਾਈ! ਜਿਸ ਮਨੁੱਖ ਨੇ ਆਪਣੇ ਮਨ ਵਿਚ ਹਿਰਦੇ ਵਿਚ ਸਿਰਫ਼ ਉਸ ਪਰਮਾਤਮਾ ਨੂੰ ਹੀ ਸਿਮਰਿਆ ਹੈ,
38421	896	ਆਨੰਦ ਹਰਿ ਰੂਪ ਦਿਖਾਇਆ॥੨॥		Aanandh Har Roop Dhikhaaeiaa ||2||	The blissful Lord has revealed His form to me. ||2||	(ਗੁਰੂ ਨੇ) ਉਸ ਨੂੰ ਆਨੰਦ-ਰੂਪ ਪ੍ਰਭੂ ਦਾ ਦਰਸ਼ਨ ਕਰਾ ਦਿੱਤਾ ਹੈ ॥੨॥
38422	896	ਤਿਸ ਹੀ ਕੀ ਓਟ ਸਦੀਵ॥		This Hee Kee Outt Sadheev ||	I seek His eternal support;	ਹੇ ਮੇਰੇ ਮਨ! ਸਦਾ ਹੀ ਉਸੇ ਪ੍ਰਭੂ ਦਾ ਹੀ ਆਸਰਾ ਲਈ ਰੱਖ,
38423	896	ਜਾ ਕੇ ਕੀਨੇ ਹੈ ਜੀਵ॥		Jaa Kae Keenae Hai Jeev ||	He is the Creator of all beings.	ਜਿਸ ਦੇ ਪੈਦਾ ਕੀਤੇ ਹੋਏ ਇਹ ਸਾਰੇ ਜੀਵ ਹਨ।

38424	896	ਸਿਮਰਤ ਹਰਿ ਕਰਤ ਨਿਧਾਨ॥		Simarath Har Karath Nidhhaan ||	Remembering the Lord in meditation, the treasure is obtained.	ਹੇ ਮਨ! ਪਰਮਾਤਮਾ ਦਾ ਨਾਮ ਸਿਮਰਦਿਆਂ (ਸਾਰੇ) ਖ਼ਜ਼ਾਨੇ (ਮਿਲ ਜਾਂਦੇ ਹਨ)।
38425	896	ਰਾਖਨਹਾਰ ਨਿਦਾਨ॥੩॥		Raakhanehaar Nidhaan ||3||	At the very last instant, He shall be your Savior. ||3||	ਹੇ ਮਨ! (ਜਦੋਂ ਹੋਰ ਸਾਰੇ ਸਹਾਰੇ ਮੁੱਕ ਜਾਣ, ਤਾਂ) ਅੰਤ ਨੂੰ ਪਰਮਾਤਮਾ ਹੀ ਰੱਖਿਆ ਕਰ ਸਕਣ ਵਾਲਾ ਹੈ ॥੩॥
38426	896	ਸਰਬ ਕੀ ਰੇਣ ਹੋਵੀਜੈ॥		Sarab Kee Raen Hoveejai ||	Be the dust of all men's feet.	ਹੇ ਮੇਰੇ ਮਨ! ਸਭਨਾਂ ਦੇ ਚਰਨਾਂ ਦੀ ਧੂੜ ਬਣੇ ਰਹਿਣਾ ਚਾਹੀਦਾ ਹੈ,
38427	896	ਆਪੁ ਮਿਟਾਇ ਮਿਲੀਜੈ॥		Aap Mittaae Mileejai ||	Eradicate self-conceit, and merge in the Lord.	(ਆਪਣੇ ਅੰਦਰੋਂ) ਅਹੰਕਾਰ ਦੂਰ ਕਰ ਕੇ ਹੀ ਪਰਮਾਤਮਾ ਨੂੰ ਮਿਲ ਸਕੀਦਾ ਹੈ।
38428	896	ਅਨ ਦਿਨੁ ਧਿਆਈਐ ਨਾਮੁ॥		Anadhin Dhhiaaeeai Naam ||	Night and day, meditate on the Naam, the Name of the Lord.	ਹੇ ਮਨ! ਪਰਮਾਤਮਾ ਦਾ ਨਾਮ ਹਰ ਵੇਲੇ ਸਿਮਰਨਾ ਚਾਹੀਦਾ ਹੈ।
38429	896	ਸਫਲ ਨਾਨਕ ਇਹੁ ਕਾਮੁ॥੪॥੩੩॥੪੪॥		Safal Naanak Eihu Kaam ||4||33||44||	O Nanak, this is the most rewarding activity. ||4||33||44||	ਹੇ ਨਾਨਕ! (ਸਿਮਰਨ ਕਰਨ ਦਾ) ਇਹ ਕੰਮ ਜ਼ਰੂਰ ਫਲ ਦੇਂਦਾ ਹੈ ॥੪॥੩੩॥੪੪॥
38430	896	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	

38431	896	ਕਾਰਨ ਕਰਨ ਕਰੀਮ॥		Kaaran Karan Kareem ||	He is the Doer, the Cause of causes, the bountiful Lord.	ਹੇ ਜਗਤ ਦੇ ਮੂਲ! ਹੇ ਬਖ਼ਸ਼ਸ਼ ਕਰਨ ਵਾਲੇ!
38432	896	ਸਰਬ ਪ੍ਰਤਿਪਾਲ ਰਹੀਮ॥		Sarab Prathipaal Reheem ||	The merciful Lord cherishes all.	ਹੇ ਸਭ ਜੀਵਾਂ ਨੂੰ ਪਾਲਣ ਵਾਲੇ! ਹੇ (ਸਭਨਾਂ ਉਤੇ) ਰਹਿਮ ਕਰਨ ਵਾਲੇ!
38433	896	ਅਲਹ ਅਲਖ ਅਪਾਰ॥	ਅੱਲਹਅ-ਲਖ	Aleh Alakh Apaar ||	The Lord is unseen and infinite.	ਹੇ ਅੱਲਾਹ! ਹੇ ਅਲੱਖ! ਹੇ ਅਪਾਰ!
38434	896	ਖੁਦਿ ਖੁਦਾਇ ਵਡ ਬੇਸੁਮਾਰ॥੧॥		Khudh Khudhaae Vadd Baesumaar ||1||	God is great and endless. ||1||	ਤੂੰ ਆਪ ਹੀ ਸਭਨਾਂ ਦਾ ਖਸਮ ਹੈਂ, ਤੂੰ ਬੜਾ ਬੇਅੰਤ ਹੈਂ ॥੧॥
38435	897	ਓਂ ਨਮੋ ਭਗਵੰਤ ਗੁਸਾਈ॥	ਓਂ:ਹੋੜੇ ਔਂਕੜ ਵਿਚਾਲੇ ਬੋਲੋ। (ਓਂ)ਬ੍ਰਹਮ। (ਨਮੋ)ਨਮ ਸਕਾਰ	Oun Namo Bhagavanth Gusaaee ||	I humbly pray to invoke the Universal Lord God, the Lord of the World.	ਹੇ ਭਗਵਾਨ! ਹੇ ਧਰਤੀ ਦੇ ਖਸਮ! ਤੈਨੂੰ ਸਰਬ-ਵਿਆਪਕ ਨੂੰ ਨਮਸਕਾਰ ਹੈ।
38436	897	ਖਾਲਕੁ ਰਵਿ ਰਹਿਆ ਸਰਬ ਠਾਈ॥੧॥ਰਹਾਉ॥		Khaalak Rav Rehiaa Sarab Thaaee ||1|| Rehaao ||	The Creator Lord is all-pervading, everywhere. ||1||Pause||	ਤੂੰ (ਸਾਰੀ) ਖ਼ਲਕਤ ਦਾ ਪੈਦਾ ਕਰਨ ਵਾਲਾ ਸਭਨੀਂ ਥਾਈਂ ਮੌਜੂਦ ਹੈਂ ॥੧॥ ਰਹਾਉ ॥
38437	897	ਜਗੰਨਾਥ ਜਗਜੀਵਨ ਮਾਧੋ॥	ਜੱਗਜੀਵਨ	Jagannaathh Jagajeevan Maadhho ||	He is the Lord of the Universe, the Life of the World.	ਹੇ ਜਗਤ ਦੇ ਨਾਥ! ਹੇ ਜਗਤ ਦੇ ਜੀਵਨ! ਹੇ ਮਾਇਆ ਦੇ ਪਤੀ!
38438	897	ਭਉ ਭੰਜਨ ਰਿਦ ਮਾਹਿ ਅਰਾਧੋ॥		Bho Bhanjan Ridh Maahi Araadhho ||	Within your heart, worship and adore the Destroyer of fear.	ਹੇ (ਜੀਵਾਂ ਦਾ ਹਰੇਕ) ਡਰ ਨਾਸ ਕਰਨ ਵਾਲੇ! ਹੇ ਹਿਰਦੇ ਵਿਚ ਆਰਾਧਨ-ਜੋਗ!

38439	897	ਰਿਖੀਕੇਸ ਗੋਪਾਲ ਗੋਵਿੰਦ॥	ਗੋ:ਹੋੜੇ ਔਂਕੜ ਵਿਚਾਲੇ ਬੋਲੋ	Rikheekaes Gopaal Guovindh ||	The Master Rishi of the senses, Lord of the World, Lord of the Universe.	ਹੇ ਇੰਦ੍ਰਿਆਂ ਦੇ ਮਾਲਕ! ਹੇ ਗੋਪਾਲ! ਹੇ ਗੋਵਿੰਦ!
38440	897	ਪੂਰਨ ਸਰਬਤ੍ਰ ਮੁਕੰਦ॥੨॥	ਸਰ-ਬਤ੍ਰ।ਮੁ-ਕੰਦ	Pooran Sarabathr Mukandh ||2||	He is perfect, ever-present everywhere, the Liberator. ||2||	ਹੇ ਮੁਕਤੀ-ਦਾਤੇ! ਤੂੰ ਸਭਨੀਂ ਥਾਈਂ ਵਿਆਪਕ ਹੈਂ ॥੨॥
38441	897	ਮਿਹਰਵਾਨ ਮਉਲਾ ਤੂਹੀ ਏਕ॥	(ਮਉਲਾ)ਬ੍ਰਹਮਜੀ।ਮਉਲਾ:ਪੋਲਾ ਬੋਲੋ	Miharavaan Moulaa Thoohee Eaek ||	You are the One and only merciful Master,	ਹੇ ਮਿਹਰਵਾਨ! ਸਿਰਫ਼ ਤੂੰ ਹੀ ਮੁਕਤੀ ਦੇਣ ਵਾਲਾ ਹੈਂ,
38442	897	ਪੀਰ ਪੈਕਾਂਬਰ ਸੇਖ॥		Peer Paikaanbar Saekh ||	Spiritual teacher, prophet, religious teacher.	ਪੀਰਾਂ ਪੈਗ਼ੰਬਰਾਂ ਸ਼ੇਖਾਂ (ਸਭ ਨੂੰ ਤੂੰ ਹੀ ਨਜਾਤ ਦਿੰਦਾ ਹੈਂ।
38443	897	ਦਿਲਾ ਕਾ ਮਾਲਕੁ ਕਰੇ ਹਾਕੁ॥	ਦਿਲਾਂ	Dhilaa Kaa Maalak Karae Haak ||	Master of hearts, Dispenser of justice,	(ਹੇ ਭਾਈ! ਉਹੀ ਮੌਲਾ ਸਭਨਾਂ ਦੇ) ਦਿਲਾਂ ਦਾ ਮਾਲਕ ਹੈ, (ਸਭ ਦੇ ਦਿਲ ਦੀ ਜਾਣਨ ਵਾਲਾ ਉਹ ਸਦਾ) ਹੱਕੋ-ਹੱਕ ਕਰਦਾ ਹੈ।
38444	897	ਕੁਰਾਨ ਕਤੇਬ ਤੇ ਪਾਕੁ॥੩॥		Kuraan Kathaeb Thae Paak ||3||	More sacred than the Koran and the Bible. ||3||	ਉਹ ਮੌਲਾ ਕੁਰਾਨ ਅਤੇ ਹੋਰ ਪੱਛਮੀ ਧਾਰਮਿਕ ਪੁਸਤਕਾਂ ਦੇ ਦੱਸੇ ਸਰੂਪ ਤੋਂ ਵੱਖਰਾ ਹੈ ॥੩॥
38445	897	ਨਾਰਾਇਣ ਨਰਹਰ ਦਇਆਲ॥		Naaraaein Narehar Dhaeiaal ||	The Lord is powerful and merciful.	ਹੇ ਭਾਈ! ਉਹ ਦਇਆ ਦਾ ਸੋਮਾ ਪਰਮਾਤਮਾ ਆਪ ਹੀ ਨਾਰਾਇਣ ਹੈ ਆਪ ਹੀ ਨਰਸਿੰਘ ਹੈ।

38446	897	ਰਮਤ ਰਾਮ ਘਟ ਘਟ ਆਧਾਰ॥		Ramath Raam Ghatt Ghatt Aadhhaar ||	The all-pervading Lord is the support of each and every heart.	ਉਹ ਰਾਮ ਸਭਨਾਂ ਵਿਚ ਰਮਿਆ ਹੋਇਆ ਹੈ, ਹਰੇਕ ਹਿਰਦੇ ਦਾ ਆਸਰਾ ਹੈ।
38447	897	ਬਾਸੁਦੇਵ ਬਸਤ ਸਭ ਠਾਇ॥		Baasudhaev Basath Sabh Thaae ||	The luminous Lord dwells everywhere.	ਉਹੀ ਬਾਸੁਦੇਵ ਹੈ ਜੋ ਸਭਨੀਂ ਥਾਈਂ ਵੱਸ ਰਿਹਾ ਹੈ।
38448	897	ਲੀਲਾ ਕਿਛੁ ਲਖੀ ਨ ਜਾਇ॥੪॥		Leelaa Kishh Lakhee N Jaae ||4||	His play cannot be known. ||4||	ਉਸ ਦੀ ਖੇਡ ਕੁਝ ਭੀ ਬਿਆਨ ਨਹੀਂ ਕੀਤੀ ਜਾ ਸਕਦੀ ॥੪॥
38449	897	ਮਿਹਰ ਦਇਆ ਕਰਿ ਕਰਨੈਹਾਰ॥		Mihar Dhaeiaa Kar Karanaihaar ||	Be kind and compassionate to me, O Creator Lord.	ਹੇ ਸਭ ਜੀਵਾਂ ਦੇ ਰਚਨਹਾਰ! ਹੇ ਸਿਰਜਣਹਾਰ! ਮਿਹਰ ਕਰ ਕੇ ਦਇਆ ਕਰ ਕੇ-
38450	897	ਭਗਤਿ ਬੰਦਗੀ ਦੇਹਿ ਸਿਰਜਣਹਾਰ॥		Bhagath Bandhagee Dhaehi Sirajanehaar ||	Bless me with devotion and meditation, O Lord Creator.	ਤੂੰ ਆਪ ਹੀ ਜੀਵਾਂ ਨੂੰ ਆਪਣੀ ਭਗਤੀ ਦੇਂਦਾ ਹੈਂ ਆਪਣੀ ਬੰਦਗੀ ਦੇਂਦਾ ਹੈਂ।
38451	897	ਕਹੁ ਨਾਨਕ ਗੁਰਿ ਖੋਏ ਭਰਮ॥		Kahu Naanak Gur Khoeae Bharam ||	Says Nanak, the Guru has rid me of doubt.	ਨਾਨਕ ਆਖਦਾ ਹੈ- ਗੁਰੂ ਨੇ (ਜਿਸ ਮਨੁੱਖ ਦੇ) ਭੁਲੇਖੇ ਦੂਰ ਕਰ ਦਿੱਤੇ,
38452	897	ਏਕੋ ਅਲਹੁ ਪਾਰਬ੍ਰਹਮ॥੫॥੩੪॥੪੫॥	ਅੱਲਹੁ	Eaeko Alahu Paarabreham ||5||34||45||	The Muslim God Allah and the Hindu God Paarbrahm are one and the same. ||5||34||45||	ਉਸ ਨੂੰ (ਮੁਸਲਮਾਨਾਂ ਦਾ) ਅੱਲਾਹ ਅਤੇ (ਹਿੰਦੂਆਂ ਦਾ) ਪਾਰਬ੍ਰਹਮ ਇੱਕੋ ਹੀ ਦਿੱਸ ਪੈਂਦੇ ਹਨ ॥੫॥੩੪॥੪੫॥
38453	897	ਰਾਮਕਲੀ ਮਹਲਾ ੫ ॥		Raamakalee Mehalaa 5 ||	Raamkalee, Fifth Mehl:	

38454	897	ਕੋਟਿ ਜਨਮ ਕੇ ਬਿਨਸੇ ਪਾਪ॥		Kott Janam Kae Binasae Paap ||	The sins of millions of incarnations are eradicated.	ਹੇ ਭਾਈ! ਪਰਮਾਤਮਾ ਦਾ ਨਾਮ ਜਪਦਿਆਂ (ਪਿਛਲੇ) ਕ੍ਰੋੜਾਂ ਜਨਮਾਂ ਦੇ ਕੀਤੇ ਹੋਏ ਪਾਪ ਭੀ ਨਾਸ ਹੋ ਜਾਂਦੇ ਹਨ,
38455	897	ਹਰਿ ਹਰਿ ਜਪਤ ਨਾਹੀ ਸੰਤਾਪ॥		Har Har Japath Naahee Santhaap ||	Meditating on the Lord, Har, Har, pain will not afflict you.	ਪਰਮਾਤਮਾ ਦਾ ਨਾਮ ਜਪਦਿਆਂ ਕੋਈ ਦੁੱਖ-ਕਲੇਸ਼ ਪੋਹ ਨਹੀਂ ਸਕਦੇ।
38456	897	ਗੁਰ ਕੇ ਚਰਨਕਮਲ ਮਨਿ ਵਸੇ॥		Gur Kae Charan Kamal Man Vasae ||	When the Lord's lotus feet are enshrined in the mind,	ਹੇ ਪ੍ਰਾਣੀ! ਜਿਸ ਮਨੁੱਖ ਦੇ ਮਨ ਵਿਚ ਗੁਰੂ ਦੇ ਸੋਹਣੇ ਚਰਨ ਆ ਵੱਸਦੇ ਹਨ,
38457	897	ਮਹਾ ਬਿਕਾਰ ਤਨ ਤੇ ਸਭਿ ਨਸੇ॥੧॥	ਨੱਸੇ	Mehaa Bikaar Than Thae Sabh Nasae ||1||	All terrible evils are taken away from the body. ||1||	ਉਸ ਦੇ ਸਰੀਰ ਤੋਂ ਵੱਡੇ ਵੱਡੇ ਵਿਕਾਰ (ਭੀ) ਸਾਰੇ ਨੱਸ ਜਾਂਦੇ ਹਨ ॥੧॥
38458	897	ਗੋਪਾਲ ਕੋ ਜਸੁ ਗਾਉ ਪ੍ਰਾਣੀ॥		Gopaal Ko Jas Gaao Praanee ||	Sing the Praise of the Lord of the World, O mortal being.	ਹੇ ਪ੍ਰਾਣੀ! ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾਇਆ ਕਰ।
38459	897	ਅਕਥ ਕਥਾ ਸਾਚੀ ਪ੍ਰਭ ਪੂਰਨ ਜੋਤੀ ਜੋਤਿ ਸਮਾਣੀ॥੧॥ਰਹਾਉ॥	ਅ-ਕਥ:ਪੋਲਾ ਬੋਲੋ	Akathh Kathhaa Saachee Prabh Pooran Jothee Joth Samaanee ||1|| Rehaao ||	The Unspoken Speech of the True Lord God is perfect. Dwelling upon it, one's light merges into the Light. ||1||Pause||	ਜਿਹੜਾ ਮਨੁੱਖ ਸਰਬ-ਵਿਆਪਕ ਪ੍ਰਭੂ ਦੀ ਅਟੱਲ ਤੇ ਅਮੁੱਕ ਸਿਫ਼ਤਿ-ਸਾਲਾਹ ਕਰਦਾ ਰਹਿੰਦਾ ਹੈ, ਉਸ ਦੀ ਜਿੰਦ ਪ੍ਰਭੂ ਦੀ ਜੋਤਿ ਵਿਚ ਲੀਨ ਰਹਿੰਦੀ ਹੈ ॥੧॥ ਰਹਾਉ ॥

38460	897	ਤ੍ਰਿਸਨਾ ਭੂਖ ਸਭ ਨਾਸੀ॥		Thrisanaa Bhookh Sabh Naasee ||	Hunger and thirst are totally quenched;	ਹੇ ਪ੍ਰਾਣੀ! ਉਸ ਮਨੁੱਖ ਦੇ ਅੰਦਰੋਂ (ਮਾਇਆ ਦੀ) ਤ੍ਰਿਸ਼ਨਾ (ਮਾਇਆ ਦੀ) ਭੁੱਖ ਸਭ ਨਾਸ ਹੋ ਜਾਂਦੀ ਹੈ,
38461	897	ਸੰਤ ਪ੍ਰਸਾਦਿ ਜਪਿਆ ਅਬਿਨਾਸੀ॥		Santh Prasaadh Japiaa Abinaasee ||	By the Grace of the Saints, meditate on the immortal Lord.	ਗੁਰੂ-ਸੰਤ ਦੀ ਕਿਰਪਾ ਨਾਲ ਜਿਸ ਮਨੁੱਖ ਨੇ ਨਾਸ-ਰਹਿਤ ਪ੍ਰਭੂ ਦਾ ਨਾਮ ਜਪਿਆ।
38462	897	ਰੈਨਿ ਦਿਨਸੁ ਪ੍ਰਭ ਸੇਵ ਕਮਾਨੀ॥		Rain Dhinas Prabh Saev Kamaanee ||	Night and day, serve God.	ਉਹ ਦਿਨ ਰਾਤ (ਹਰ ਵੇਲੇ) ਪ੍ਰਭੂ ਦੀ ਸੇਵਾ-ਭਗਤੀ ਕਰਦਾ ਰਹਿੰਦਾ ਹੈ।
38463	897	ਹਰਿ ਮਿਲਣੈ ਕੀ ਏਹ ਨੀਸਾਨੀ॥੨॥		Har Milanai Kee Eaeh Neesaanee ||2||	This is the sign that one has met with the Lord. ||2||	ਪ੍ਰਭੂ ਦੇ ਮਿਲਾਪ ਦਾ (ਵੱਡਾ) ਲੱਛਣ ਇਹੋ ਹੀ ਹੈ (ਹਰ ਵੇਲੇ ਪ੍ਰਭੂ ਦੀ ਸੇਵਾ-ਭਗਤੀ ਕਰਨੀ) ॥੨॥
38464	897	ਮਿਟੇ ਜੰਜਾਲ ਹੋਏ ਪ੍ਰਭ ਦਇਆਲ॥		Mittae Janjaal Hoeae Prabh Dhaeiaal ||	Worldly entanglements are ended, when God becomes merciful.	ਹੇ ਭਾਈ! ਜਿਨ੍ਹਾਂ ਉਤੇ ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਉਹਨਾਂ ਦੇ ਮਾਇਆ ਦੇ ਮੋਹ ਦੇ ਬੰਧਨ ਟੁੱਟ ਜਾਂਦੇ ਹਨ;
38465	897	ਗੁਰ ਕਾ ਦਰਸਨੁ ਦੇਖਿ ਨਿਹਾਲ॥		Gur Kaa Dharasan Dhaekh Nihaal ||	Gazing upon the Blessed Vision of the Guru's Darshan, I am enraptured.	ਗੁਰੂ ਦਾ ਦਰਸ਼ਨ ਕਰ ਕੇ ਉਹ ਸਦਾ ਚੜ੍ਹਦੀ ਕਲਾ ਵਿਚ ਰਹਿੰਦੇ ਹਨ।
38466	897	ਪਰਾ ਪੂਰਬਲਾ ਕਰਮੁ ਬਣਿ ਆਇਆ॥		Paraa Poorabalaa Karam Ban Aaeiaa ||	My perfect pre-destined karma has been activated.	ਉਹਨਾਂ ਦਾ ਪੂਰਬਲੇ ਜਨਮਾਂ ਦਾ ਕੀਤਾ ਕੰਮ ਉਹਨਾਂ ਦਾ ਸਹਾਈ ਆ ਬਣਦਾ ਹੈ (ਉਹਨਾਂ ਦੇ ਪੂਰਬਲੇ ਕੀਤੇ ਚੰਗੇ ਕੰਮਾਂ ਦੇ ਸੰਸਕਾਰ ਜਾਗ ਪੈਂਦੇ ਹਨ)।

38467	897	ਹਰਿ ਕੇ ਗੁਣ ਨਿਤ ਰਸਨਾ ਗਾਇਆ॥੩॥		Har Kae Gun Nith Rasanaa Gaaeiaa ||3||	With my tongue, I continually sing the Glorious Praises of the Lord. ||3||	ਆਪਣੀ ਜੀਭ ਨਾਲ ਉਹ ਸਦਾ ਪ੍ਰਭੂ ਦੇ ਗੁਣ ਗਾਂਦੇ ਹਨ ॥੩॥
38468	897	ਹਰਿ ਕੇ ਸੰਤ ਸਦਾ ਪਰਵਾਣੁ॥		Har Kae Santh Sadhaa Paravaan ||	The Saints of the Lord are accepted and approved forever.	ਹੇ ਭਾਈ! ਪ੍ਰਭੂ ਦੀ ਭਗਤੀ ਕਰਨ ਵਾਲੇ ਬੰਦੇ (ਪ੍ਰਭੂ ਦੀ ਹਜ਼ੂਰੀ ਵਿਚ) ਸਦਾ ਆਦਰ-ਸਤਕਾਰ ਪਾਂਦੇ ਹਨ।
38469	897	ਸੰਤ ਜਨਾ ਮਸਤਕਿ ਨੀਸਾਣੁ॥		Santh Janaa Masathak Neesaan ||	The foreheads of the Saintly people are marked with the Lord's insignia.	ਉਹਨਾਂ ਸੰਤ ਜਨਾਂ ਦੇ ਮੱਥੇ ਉਤੇ (ਨੂਰ ਚਮਕਦਾ ਹੈ, ਜੋ, ਮਾਨੋ, ਪ੍ਰਭੂ ਦਰ ਤੇ ਪ੍ਰਵਾਨਗੀ ਦਾ) ਚਿਹਨ ਹੈ।
38470	897	ਦਾਸ ਕੀ ਰੇਣੁ ਪਾਏ ਜੇ ਕੋਇ॥		Dhaas Kee Raen Paaeae Jae Koe ||	One who is blessed with the dust of the feet of the Lord's slave,	ਇਹੋ ਜਿਹੇ ਪ੍ਰਭੂ-ਸੇਵਕ ਦੇ ਚਰਨਾਂ ਦੀ ਧੂੜ ਜੇ ਕੋਈ ਮਨੁੱਖ ਪ੍ਰਾਪਤ ਕਰ ਲਏ,
38471	897	ਨਾਨਕ ਤਿਸ ਕੀ ਪਰਮਗਤਿ ਹੋਇ॥੪॥੩੫॥੪੬॥		Naanak This Kee Param Gath Hoe ||4||35||46||	O Nanak, obtains the supreme status. ||4||35||46||	ਤਾਂ ਹੇ ਨਾਨਕ! ਉਸ ਦੀ ਬਹੁਤ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ ॥੪॥੩੫॥੪੬॥
38472	897	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	

38473	897	ਦਰਸਨ ਕਉ ਜਾਈਐ ਕੁਰਬਾਨੁ॥		Dharasan Ko Jaaeeai Kurabaan ||	Let yourself be a sacrifice to the Blessed Vision of the Lord's Darshan.	(ਹੇ ਭਾਈ! ਗੁਰੂ ਦੇ) ਦਰਸ਼ਨ ਤੋਂ ਸਦਕੇ ਜਾਣਾ ਚਾਹੀਦਾ ਹੈ (ਦਰਸ਼ਨ ਦੀ ਖ਼ਾਤਰ ਆਪਾ-ਭਾਵ ਕੁਰਬਾਨ ਕਰ ਦੇਣਾ ਚਾਹੀਦਾ ਹੈ)।
38474	897	ਚਰਨਕਮਲ ਹਿਰਦੈ ਧਰਿ ਧਿਆਨੁ॥		Charan Kamal Hiradhai Dhhar Dhhiaan ||	Focus your heart's meditation on the Lord's lotus feet.	(ਗੁਰੂ ਦੇ) ਸੋਹਣੇ ਚਰਨਾਂ ਦਾ ਧਿਆਨ ਹਿਰਦੇ ਵਿਚ ਧਰ ਕੇ (ਗੁਰੂ ਦੀ ਦੱਸੀ ਭਗਤੀ ਕਰਨੀ ਚਾਹੀਦੀ ਹੈ)।
38475	897	ਧੂਰਿ ਸੰਤਨ ਕੀ ਮਸਤਕਿ ਲਾਇ॥		Dhhoor Santhan Kee Masathak Laae ||	Apply the dust of the feet of the Saints to your forehead,	(ਹੇ ਭਾਈ! ਗੁਰੂ ਦੇ ਦਰ ਤੇ ਰਹਿਣ ਵਾਲੇ) ਸੰਤ ਜਨਾਂ ਦੀ ਚਰਨ-ਧੂੜ ਮੱਥੇ ਉਤੇ ਲਾਇਆ ਕਰ,
38476	897	ਜਨਮ ਜਨਮ ਕੀ ਦੁਰਮਤਿ ਮਲੁ ਜਾਇ॥੧॥		Janam Janam Kee Dhuramath Mal Jaae ||1||	And the filthy evil-mindedness of countless incarnations will be washed off. ||1||	(ਇਸ ਤਰ੍ਹਾਂ) ਅਨੇਕਾਂ ਜਨਮਾਂ ਦੀ ਖੋਟੀ ਮਤਿ ਦੀ ਮੈਲ ਲਹਿ ਜਾਂਦੀ ਹੈ ॥੧॥
38477	897	ਜਿਸੁ ਭੇਟਤ ਮਿਟੈ ਅਭਿਮਾਨੁ॥		Jis Bhaettath Mittai Abhimaan ||	Meeting Him, egotistical pride is eradicated,	ਜਿਸ ਗੁਰੂ ਨੂੰ ਮਿਲਿਆਂ (ਮਨ ਵਿਚੋਂ) ਅਹੰਕਾਰ ਦੂਰ ਹੋ ਜਾਂਦਾ ਹੈ,

38478	897	ਪਾਰਬ੍ਰਹਮੁ ਸਭੁ ਨਦਰੀ ਆਵੈ ਕਰਿ ਕਿਰਪਾ ਪੂਰਨ ਭਗਵਾਨ॥੧॥ਰਹਾਉ ॥		Paarabreham Sabh Nadharee Aavai Kar Kirapaa Pooran Bhagavaan ||1|| Rehaao ||	And you will come to see the Supreme Lord God in all. The Perfect Lord God has showered His Mercy. ||1||Pause||	ਅਤੇ ਪਾਰਬ੍ਰਹਮ ਪ੍ਰਭੂ ਹਰ ਥਾਂ ਦਿੱਸ ਪੈਂਦਾ ਹੈ, ਹੇ ਸਭ ਗੁਣਾਂ ਵਾਲੇ ਭਗਵਾਨ! (ਮੇਰੇ ਉਤੇ) ਕਿਰਪਾ ਕਰ (ਮੈਨੂੰ ਉਹ ਗੁਰੂ ਮਿਲਾ) ॥੧॥ ਰਹਾਉ ॥
38479	897	ਗੁਰ ਕੀ ਕੀਰਤਿ ਜਪੀਐ ਹਰਿ ਨਾਉ॥		Gur Kee Keerath Japeeai Har Naao ||	This is the Guru's Praise, to chant the Name of the Lord.	ਹੇ ਭਾਈ! ਸਦਾ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ-ਇਹੀ ਹੈ ਗੁਰੂ ਦੀ ਸੋਭਾ (ਕਰਨੀ)।
38480	897	ਗੁਰ ਕੀ ਭਗਤਿ ਸਦਾ ਗੁਣ ਗਾਉ॥		Gur Kee Bhagath Sadhaa Gun Gaao ||	This is devotion to the Guru, to sing forever the Glorious Praises of the Lord.	ਹੇ ਭਾਈ! ਸਦਾ ਪ੍ਰਭੂ ਦੇ ਗੁਣ ਗਾਇਆ ਕਰ- ਇਹੀ ਹੈ ਗੁਰੂ ਦੀ ਭਗਤੀ! ਹੇ ਭਾਈ!
38481	897	ਗੁਰ ਕੀ ਸੁਰਤਿ ਨਿਕਟਿ ਕਰਿ ਜਾਨੁ॥		Gur Kee Surath Nikatt Kar Jaan ||	This is contemplation upon the Guru, to know that the Lord is close at hand.	ਪਰਮਾਤਮਾ ਨੂੰ ਸਦਾ ਆਪਣੇ ਨੇੜੇ ਵੱਸਦਾ ਜਾਣ-ਇਹੀ ਹੈ ਗੁਰੂ ਦੇ ਚਰਨਾਂ ਵਿਚ ਧਿਆਨ ਧਰਨਾ।
38482	897	ਗੁਰ ਕਾ ਸਬਦੁ ਸਤਿ ਕਰਿ ਮਾਨੁ॥੨॥	ਸੱਤਿ	Gur Kaa Sabadh Sath Kar Maan ||2||	Accept the Word of the Guru's Shabad as Truth. ||2||	ਹੇ ਭਾਈ! ਗੁਰੂ ਦੇ ਸ਼ਬਦ ਨੂੰ (ਸਦਾ) ਸੱਚਾ ਕਰਕੇ ਮੰਨ ॥੨॥

38483	897	ਗੁਰ ਬਚਨੀ ਸਮਸਰਿ ਸੁਖ ਦੂਖ॥		Gur Bachanee Samasar Sukh Dhookh ||	Through the Word of the Guru's Teachings, look upon pleasure and pain as one and the same.	ਹੇ ਭਾਈ! ਗੁਰੂ ਦੇ ਬਚਨਾਂ ਦੀ ਰਾਹੀਂ (ਸਾਰੇ) ਸੁਖ ਦੁਖ ਇਕੋ ਜਿਹੇ ਜਾਪਣ ਲੱਗ ਪੈਂਦੇ ਹਨ,
38484	897	ਕਦੇ ਨ ਬਿਆਪੈ ਤ੍ਰਿਸਨਾ ਭੂਖ॥		Kadhae N Biaapai Thrisanaa Bhookh ||	Hunger and thirst shall never afflict you.	ਮਾਇਆ ਦੀ ਤ੍ਰਿਸ਼ਨਾ ਮਾਇਆ ਦੀ ਭੁੱਖ ਕਦੇ ਆਪਣਾ ਜ਼ੋਰ ਨਹੀਂ ਪਾ ਸਕਦੀ।
38485	897	ਮਨਿ ਸੰਤੋਖੁ ਸਬਦਿ ਗੁਰ ਰਾਜੇ॥		Man Santhokh Sabadh Gur Raajae ||	The mind becomes content and satisfied through the Word of the Guru's Shabad.	ਗੁਰੂ ਦੇ ਸ਼ਬਦ ਦੀ ਰਾਹੀਂ ਮਨ ਵਿਚ ਸੰਤੋਖ ਪੈਦਾ ਹੋ ਜਾਂਦਾ ਹੈ, (ਮਨ) ਰੱਜ ਜਾਂਦਾ ਹੈ।
38486	897	ਜਪਿ ਗੋਬਿੰਦੁ ਪੜਦੇ ਸਭਿ ਕਾਜੇ॥੩॥	ਪੜਦੇ:ਪੋਲਾ ਬੋਲੋ। ਕਾੱਜੇ	Jap Gobindh Parradhae Sabh Kaajae ||3||	Meditate on the Lord of the Universe, and He will cover all your faults. ||3||	ਪਰਮਾਤਮਾ ਦਾ ਨਾਮ ਜਪ ਕੇ ਸਾਰੇ ਪੜਦੇ ਕੱਜੇ ਜਾਂਦੇ ਹਨ (ਲੋਕ ਪਰਲੋਕ ਵਿਚ ਇੱਜ਼ਤ ਬਣ ਜਾਂਦੀ ਹੈ) ॥੩॥
38487	897	ਗੁਰੁ ਪਰਮੇਸਰੁ ਗੁਰੁ ਗੋਵਿੰਦੁ॥		Gur Paramaesar Gur Govindh ||	The Guru is the Supreme Lord God; the Guru is the Lord of the Universe.	ਹੇ ਭਾਈ! ਗੁਰੂ ਪਰਮਾਤਮਾ (ਦਾ ਰੂਪ) ਹੈ, ਗੁਰੂ ਗੋਬਿੰਦ (ਦਾ ਰੂਪ) ਹੈ।
38488	897	ਗੁਰੁ ਦਾਤਾ ਦਇਆਲ ਬਖਸਿੰਦੁ॥	ਬਖ-ਸਿੰਦੁ	Gur Dhaathaa Dhaeiaal Bakhasindh ||	The Guru is the Great Giver, merciful and forgiving.	ਗੁਰੂ ਦਾਤਾਰ (ਪ੍ਰਭੂ ਦਾ ਰੂਪ) ਹੈ, ਗੁਰੂ ਦਇਆ ਦੇ ਸੋਮੇ ਬਖ਼ਸ਼ਣਹਾਰ ਪ੍ਰਭੂ (ਦਾ ਰੂਪ) ਹੈ।
38489	897	ਗੁਰ ਚਰਨੀ ਜਾ ਕਾ ਮਨੁ ਲਾਗਾ॥		Gur Charanee Jaa Kaa Man Laagaa ||	One whose mind is attached to the Guru's feet,	ਜਿਸ ਮਨੁੱਖ ਦਾ ਮਨ ਗੁਰੂ ਦੇ ਚਰਨਾਂ ਵਿਚ ਟਿਕ ਜਾਂਦਾ ਹੈ,

38490	897	ਨਾਨਕ ਦਾਸ ਤਿਸੁ ਪੂਰਨ ਭਾਗਾ॥੪॥੩੬॥੪੭॥		Naanak Dhaas This Pooran Bhaagaa ||4||36||47||	O slave Nanak, is blessed with perfect destiny. ||4||36||47||	ਹੇ ਨਾਨਕ! ਉਸ ਦਾਸ ਦੇ ਪੂਰੇ ਭਾਗ ਜਾਗ ਪੈਂਦੇ ਹਨ ॥੪॥੩੬॥੪੭॥
38491	898	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38492	898	ਕਿਸੁ ਭਰਵਾਸੈ ਬਿਚਰਹਿ ਭਵਨ॥	ਬਿਚਰ-ਹਿ	Kis Bharavaasai Bicharehi Bhavan ||	What supports you in this world?	ਹੇ ਮੂਰਖ! (ਪ੍ਰਭੂ ਤੋਂ ਬਿਨਾ ਹੋਰ) ਕਿਸ ਦੇ ਸਹਾਰੇ ਤੂੰ ਜਗਤ ਵਿਚ ਤੁਰਿਆ ਫਿਰਦਾ ਹੈਂ?
38493	898	ਮੂੜ ਮੁਗਧ ਤੇਰਾ ਸੰਗੀ ਕਵਨ॥		Moorr Mugadhh Thaeraa Sangee Kavan ||	You ignorant fool, who is your companion?	ਹੇ ਮੂਰਖ! (ਪ੍ਰਭੂ ਤੋਂ ਬਿਨਾ ਹੋਰ) ਤੇਰਾ ਕੌਣ ਸਾਥੀ (ਬਣ ਸਕਦਾ ਹੈ)?
38494	898	ਰਾਮੁ ਸੰਗੀ ਤਿਸੁ ਗਤਿ ਨਹੀ ਜਾਨਹਿ॥	ਜਾਨ-ਹਿ	Raam Sangee This Gath Nehee Jaanehi ||	The Lord is your only companion; no one knows His condition.	ਹੇ ਮੂਰਖ! ਪਰਮਾਤਮਾ (ਹੀ ਤੇਰਾ ਅਸਲ) ਸਾਥੀ ਹੈ, ਉਸ ਨਾਲ ਤੂੰ ਜਾਣ-ਪਛਾਣ ਨਹੀਂ ਬਣਾਂਦਾ।
38495	898	ਪੰਚ ਬਟਵਾਰੇ ਸੇ ਮੀਤ ਕਰਿ ਮਾਨਹਿ॥੧॥		Panch Battavaarae Sae Meeth Kar Maanehi ||1||	You look upon the five thieves as your friends. ||1||	(ਇਹ ਕਾਮਾਦਿਕ) ਪੰਜ ਡਾਕੂ ਹਨ, ਇਹਨਾਂ ਨੂੰ ਤੂੰ ਆਪਣੇ ਮਿੱਤਰ ਸਮਝ ਰਿਹਾ ਹੈਂ ॥੧॥
38496	898	ਸੋ ਘਰੁ ਸੇਵਿ ਜਿਤੁ ਉਧਰਹਿ ਮੀਤ॥	ਉਧਰ-ਹਿ	So Ghar Saev Jith Oudhharehi Meeth ||	Serve that home, which will save you, my friend.	ਹੇ ਮਿੱਤਰ! ਉਹ ਘਰ-ਦਰ ਮੱਲੀ ਰੱਖ, ਜਿਸ ਦੀ ਰਾਹੀਂ ਤੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕੇਂ।

38497	898	ਗੁਣ ਗੋਵਿੰਦ ਰਵੀਅਹਿ ਦਿਨੁ ਰਾਤੀ ਸਾਧਸੰਗਿ ਕਰਿ ਮਨ ਕੀ ਪ੍ਰੀਤਿ॥੧॥ਰਹਾਉ॥	ਰਵੀ-ਅਹਿ	Gun Govindh Raveeahi Dhin Raathee Saadhhasang Kar Man Kee Preeth ||1|| Rehaao ||	Chant the Glorious Praises of the Lord of the Universe, day and night; in the Saadh Sangat, the Company of the Holy, love Him in your mind. ||1||Pause||	ਹੇ ਭਾਈ! ਗੁਰੂ ਦੀ ਸੰਗਤਿ ਵਿਚ ਆਪਣੇ ਮਨ ਦਾ ਪਿਆਰ ਜੋੜ, (ਉਥੇ ਟਿਕ ਕੇ) ਗੋਬਿੰਦ ਦੇ ਗੁਣ (ਸਦਾ) ਦਿਨ ਰਾਤ ਗਾਏ ਜਾਣੇ ਚਾਹੀਦੇ ਹਨ ॥੧॥ ਰਹਾਉ ॥
38498	898	ਜਨਮੁ ਬਿਹਾਨੋ ਅਹੰਕਾਰਿ ਅਰੁ ਵਾਦਿ॥		Janam Bihaano Ahankaar Ar Vaadh ||	This human life is passing away in egotism and conflict.	ਜੀਵ ਦੀ ਉਮਰ ਅਹੰਕਾਰ ਅਤੇ ਝਗੜੇ-ਬਖੇੜੇ ਵਿਚ ਗੁਜ਼ਰਦੀ ਜਾਂਦੀ ਹੈ,
38499	898	ਤ੍ਰਿਪਤਿ ਨ ਆਵੈ ਬਿਖਿਆ ਸਾਦਿ॥		Thripath N Aavai Bikhiaa Saadh ||	You are not satisfied; such is the flavor of sin.	ਮਾਇਆ ਦੇ ਸੁਆਦ ਵਿਚ (ਇਸ ਦੀ ਕਦੇ) ਤਸੱਲੀ ਨਹੀਂ ਹੁੰਦੀ (ਕਦੇ ਰੱਜਦਾ ਹੀ ਨਹੀਂ)।
38500	898	ਭਰਮਤ ਭਰਮਤ ਮਹਾ ਦੁਖੁ ਪਾਇਆ॥		Bharamath Bharamath Mehaa Dhukh Paaeiaa ||	Wandering and roaming around, you suffer terrible pain.	ਭਟਕਦਿਆਂ ਭਟਕਦਿਆਂ ਇਸ ਨੇ ਬੜਾ ਕਸ਼ਟ ਪਾਇਆ ਹੈ।
38501	898	ਤਰੀ ਨ ਜਾਈ ਦੁਤਰ ਮਾਇਆ॥੨॥	ਦੁੱਤ-ਰ	Tharee N Jaaee Dhuthar Maaeiaa ||2||	You cannot cross over the impassable sea of Maya. ||2||	ਮਾਇਆ (ਮਾਨੋ, ਇਕ ਸਮੁੰਦਰ ਹੈ, ਇਸ) ਤੋਂ ਪਾਰ ਲੰਘਣਾ ਬਹੁਤ ਔਖਾ ਹੈ। (ਪ੍ਰਭੂ ਦੇ ਨਾਮ ਤੋਂ ਬਿਨਾ) ਇਸ ਤੋਂ ਪਾਰ ਨਹੀਂ ਲੰਘਿਆ ਜਾ ਸਕਦਾ ॥੨॥

38502	898	ਕਾਮਿ ਨ ਆਵੈ ਸੁ ਕਾਰ ਕਮਾਵੈ॥		Kaam N Aavai S Kaar Kamaavai ||	You do the deeds which do not help you at all.	ਜੀਵ ਸਦਾ ਉਹੀ ਕਾਰ ਕਰਦਾ ਰਹਿੰਦਾ ਹੈ ਜੋ (ਆਖ਼ਰ ਇਸ ਦੇ) ਕੰਮ ਨਹੀਂ ਆਉਂਦੀ।
38503	898	ਆਪਿ ਬੀਜਿ ਆਪੇ ਹੀ ਖਾਵੈ॥		Aap Beej Aapae Hee Khaavai ||	As you plant, so shall you harvest.	(ਮੰਦੇ ਕੰਮਾਂ ਦੇ ਬੀਜ) ਆਪ ਬੀਜ ਕੇ (ਫਿਰ) ਆਪ ਹੀ (ਉਹਨਾਂ ਦਾ ਦੁੱਖ-ਫਲ) ਖਾਂਦਾ ਹੈ।
38504	898	ਰਾਖਨ ਕਉ ਦੂਸਰ ਨਹੀ ਕੋਇ॥		Raakhan Ko Dhoosar Nehee Koe ||	There is none other than the Lord to save you.	(ਇਸ ਬਿਪਤਾ ਵਿਚੋਂ) ਬਚਾਣ-ਜੋਗਾ (ਪਰਮਾਤਮਾ ਤੋਂ ਬਿਨਾ) ਕੋਈ ਹੋਰ ਦੂਜਾ ਨਹੀਂ।
38505	898	ਤਉ ਨਿਸਤਰੈ ਜਉ ਕਿਰਪਾ ਹੋਇ॥੩॥		Tho Nisatharai Jo Kirapaa Hoe ||3||	You will be saved, only if God grants His Grace. ||3||	ਜਦੋਂ (ਪਰਮਾਤਮਾ ਦੀ) ਮਿਹਰ ਹੁੰਦੀ ਹੈ, ਤਦੋਂ ਹੀ ਇਸ ਵਿਚੋਂ ਪਾਰ ਲੰਘਦਾ ਹੈ ॥੩॥
38506	898	ਪਤਿਤ ਪੁਨੀਤ ਪ੍ਰਭ ਤੇਰੋ ਨਾਮੁ॥		Pathith Puneeth Prabh Thaero Naam ||	Your Name, God, is the Purifier of sinners.	ਹੇ ਪ੍ਰਭੂ! ਤੇਰਾ ਨਾਮ ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਪਵਿੱਤਰ ਕਰਨ ਵਾਲਾ ਹੈ,
38507	898	ਅਪਨੇ ਦਾਸ ਕਉ ਕੀਜੈ ਦਾਨੁ॥		Apanae Dhaas Ko Keejai Dhaan ||	Please bless Your slave with that gift.	(ਮੈਨੂੰ) ਆਪਣੇ ਸੇਵਕ ਨੂੰ (ਆਪਣਾ ਨਾਮ ਦਾ) ਦਾਨ ਦੇਹ।
38508	898	ਕਰਿ ਕਿਰਪਾ ਪ੍ਰਭ ਗਤਿ ਕਰਿ ਮੇਰੀ॥		Kar Kirapaa Prabh Gath Kar Maeree ||	Please grant Your Grace, God, and emancipate me.	(ਹੇ ਪ੍ਰਭੂ!) ਮਿਹਰ ਕਰ, ਮੇਰੀ ਆਤਮਕ ਅਵਸਥਾ ਉੱਚੀ ਬਣਾ।

38509	898	ਸਰਣਿ ਗਹੀ ਨਾਨਕ ਪ੍ਰਭ ਤੇਰੀ॥੪॥੩੭॥੪੮॥		Saran Gehee Naanak Prabh Thaeree ||4||37||48||	Nanak has grasped Your Sanctuary, God. ||4||37||48||	ਹੇ ਨਾਨਕ! (ਆਖ-) ਹੇ ਪ੍ਰਭੂ! ਮੈਂ ਤੇਰਾ ਆਸਰਾ ਲਿਆ ਹੈ ॥੪॥੩੭॥੪੮॥
38510	898	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38511	898	ਇਹ ਲੋਕੇ ਸੁਖੁ ਪਾਇਆ॥		Eih Lokae Sukh Paaeiaa ||	I have found peace in this world.	(ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਦੀ ਮਿੱਤ੍ਰਤਾ ਪ੍ਰਾਪਤ ਹੁੰਦੀ ਹੈ ਉਸ ਨੇ) ਇਸ ਜਗਤ ਵਿਚ (ਆਤਮਕ) ਸੁਖ ਮਾਣਿਆ,
38512	898	ਨਹੀ ਭੇਟਤ ਧਰਮਰਾਇਆ॥		Nehee Bhaettath Dhharam Raaeiaa ||	I will not have to appear before the Righteous Judge of Dharma to give my account.	(ਪਰਲੋਕ ਵਿਚ) ਉਸ ਨੂੰ ਧਰਮਰਾਜ ਨਾਲ ਵਾਹ ਨਾਹ ਪਿਆ।
38513	898	ਹਰਿ ਦਰਗਹ ਸੋਭਾਵੰਤ॥	ਦਰ-ਗਹ	Har Dharageh Sobhaavanth ||	I will be respected in the Court of the Lord,	ਉਹ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਸੋਭਾ ਵਾਲਾ ਬਣਦਾ ਹੈ,
38514	898	ਫੁਨਿ ਗਰਭਿ ਨਾਹੀ ਬਸੰਤ॥੧॥		Fun Garabh Naahee Basanth ||1||	And I will not have to enter the womb of reincarnation ever again. ||1||	ਮੁੜ ਮੁੜ ਜਨਮਾਂ ਦੇ ਗੇੜ ਵਿਚ (ਭੀ) ਨਹੀਂ ਪੈਂਦਾ ॥੧॥
38515	898	ਜਾਨੀ ਸੰਤ ਕੀ ਮਿਤ੍ਰਾਈ॥		Jaanee Santh Kee Mithraaee ||	Now, I know the value of friendship with the Saints.	ਹੇ ਭਾਈ! (ਹੁਣ) ਮੈਂ ਗੁਰੂ ਦੀ ਕਦਰ ਸਮਝ ਲਈ ਹੈ।

38516	898	ਕਰਿ ਕਿਰਪਾ ਦੀਨੋ ਹਰਿ ਨਾਮਾ ਪੂਰਬਿ ਸੰਜੋਗਿ ਮਿਲਾਈ॥੧॥ਰਹਾਉ ॥		Kar Kirapaa Dheeno Har Naamaa Poorab Sanjog Milaaee ||1|| Rehaao ||	In His Mercy, the Lord has blessed me with His Name. My pre-ordained destiny has been fulfilled. ||1||Pause||	(ਗੁਰੂ ਨੇ) ਕਿਰਪਾ ਕਰ ਕੇ (ਮੈਨੂੰ) ਪਰਮਾਤਮਾ ਦਾ ਨਾਮ ਦੇ ਦਿੱਤਾ ਹੈ। ਪੂਰਬਲੇ ਸੰਜੋਗ ਦੇ ਕਾਰਨ (ਗੁਰੂ ਦੀ ਮਿੱਤ੍ਰਤਾ) ਪ੍ਰਾਪਤ ਹੋਈ ਹੈ ॥੧॥ ਰਹਾਉ ॥
38517	898	ਗੁਰ ਕੈ ਚਰਣਿ ਚਿਤੁ ਲਾਗਾ॥		Gur Kai Charan Chith Laagaa ||	My consciousness is attached to the Guru's feet.	ਹੇ ਭਾਈ! ਜਦੋਂ ਗੁਰੂ ਦੇ ਚਰਨਾਂ ਵਿਚ, ਮੇਰਾ ਚਿੱਤ ਜੁੜਿਆ ਸੀ,
38518	898	ਧੰਨਿ ਧੰਨਿ ਸੰਜੋਗੁ ਸਭਾਗਾ॥		Dhann Dhann Sanjog Sabhaagaa ||	Blessed, blessed is this fortunate time of union.	ਉਹ ਸੰਜੋਗ ਮੁਬਾਰਿਕ ਸੀ, ਮੁਬਾਰਿਕ ਸੀ, ਭਾਗਾਂ ਵਾਲਾ ਸੀ।
38519	898	ਸੰਤ ਕੀ ਧੂਰਿ ਲਾਗੀ ਮੇਰੈ ਮਾਥੇ॥		Santh Kee Dhhoor Laagee Maerai Maathhae ||	I have applied the dust of the Saints' feet to my forehead,	ਹੇ ਭਾਈ! ਗੁਰੂ ਦੀ ਚਰਨ-ਧੂੜ ਮੇਰੇ ਮੱਥੇ ਉੱਤੇ ਲੱਗੀ,
38520	898	ਕਿਲਵਿਖ ਦੁਖ ਸਗਲੇ ਮੇਰੇ ਲਾਥੇ॥੨॥		Kilavikh Dhukh Sagalae Maerae Laathhae ||2||	And all my sins and pains have been eradicated. ||2||	ਮੇਰੇ ਸਾਰੇ ਪਾਪ ਤੇ ਦੁੱਖ ਦੂਰ ਹੋ ਗਏ ॥੨॥
38521	898	ਸਾਧ ਕੀ ਸਚੁ ਟਹਲ ਕਮਾਨੀ॥		Saadhh Kee Sach Ttehal Kamaanee ||	Performing true service to the Holy,	ਹੇ ਪ੍ਰਾਣੀ! ਜਦੋਂ ਜੀਵ ਸਰਧਾ ਧਾਰ ਕੇ ਗੁਰੂ ਦੀ ਸੇਵਾ-ਟਹਿਲ ਕਰਦੇ ਹਨ,
38522	898	ਤਬ ਹੋਏ ਮਨ ਸੁਧ ਪਰਾਨੀ॥		Thab Hoeae Man Sudhh Paraanee ||	The mortal's mind is purified.	ਤਦੋਂ ਉਹਨਾਂ ਦੇ ਮਨ ਪਵਿੱਤ੍ਰ ਹੋ ਜਾਂਦੇ ਹਨ।

38523	898	ਜਨ ਕਾ ਸਫਲ ਦਰਸੁ ਡੀਠਾ॥		Jan Kaa Safal Dharas Ddeethaa ||	I have seen the fruitful vision of the Lord's humble slave.	ਹੇ ਪ੍ਰਾਣੀ! ਜਿਸ ਨੇ ਗੁਰੂ ਦਾ ਦਰਸ਼ਨ ਕਰ ਲਿਆ, ਉਸੇ ਨੂੰ ਹੀ ਇਸ ਨਾਮ ਫਲ ਦੀ ਪ੍ਰਾਪਤੀ ਹੋਈ,
38524	898	ਨਾਮੁ ਪ੍ਰਭੂ ਕਾ ਘਟਿ ਘਟਿ ਵੂਠਾ॥੩॥		Naam Prabhoo Kaa Ghatt Ghatt Voothaa ||3||	God's Name dwells within each and every heart. ||3||	(ਭਾਵੇਂ ਕਿ) ਪਰਮਾਤਮਾ ਦਾ ਨਾਮ ਹਰੇਕ ਹਿਰਦੇ ਵਿਚ ਵੱਸ ਰਿਹਾ ਹੈ ॥੩॥
38525	898	ਮਿਟਾਨੇ ਸਭਿ ਕਲਿ ਕਲੇਸ॥		Mittaanae Sabh Kal Kalaes ||	All my troubles and sufferings have been taken away;	(ਗੁਰੂ ਦੇ ਮਿਲਾਪ ਦੀ ਬਰਕਤਿ ਨਾਲ) ਸਾਰੇ (ਮਾਨਸਕ) ਝਗੜੇ ਤੇ ਦੁੱਖ ਮਿਟ ਜਾਂਦੇ ਹਨ।
38526	898	ਜਿਸ ਤੇ ਉਪਜੇ ਤਿਸੁ ਮਹਿ ਪਰਵੇਸ॥		Jis Thae Oupajae This Mehi Paravaes ||	I have merged into the One, from whom I originated.	ਜਿਸ ਪ੍ਰਭੂ ਤੋਂ ਜੀਵ ਪੈਦਾ ਹੋਏ ਹਨ ਉਸੇ ਵਿਚ ਉਹਨਾਂ ਦੀ ਲੀਨਤਾ ਹੋ ਜਾਂਦੀ ਹੈ।
38527	898	ਪ੍ਰਗਟੇ ਆਨੂਪ ਗੋਵਿੰਦ॥		Pragattae Aanoop Guovindh ||	The Lord of the Universe, incomparably beautiful, has become merciful.	ਉਹ ਸੋਹਣਾ ਗੋਬਿੰਦ (ਹਿਰਦੇ ਵਿਚ) ਪਰਗਟ ਹੋ ਜਾਂਦਾ ਹੈ,
38528	898	ਪ੍ਰਭ ਪੂਰੇ ਨਾਨਕ ਬਖਸਿੰਦ॥੪॥੩੮॥ ੪੯॥	ਬਖ-ਸਿੰਦ	Prabh Poorae Naanak Bakhasindh ||4||38||49||	O Nanak, God is perfect and forgiving. ||4||38||49||	ਹੇ ਨਾਨਕ! (ਜਿਹੜਾ) ਪੂਰਨ ਪ੍ਰਭੂ ਬਖ਼ਸ਼ਣਹਾਰ ਹੈ ॥੪॥੩੮॥੪੯॥
38529	898	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	

38530	898	ਗਊ ਕਉ ਚਾਰੇ ਸਾਰਦੂਲੁ॥		Goo Ko Chaarae Saaradhool ||	The tiger leads the cow to the pasture,	(ਪ੍ਰਭੂ ਦੀ ਕਿਰਪਾ ਨਾਲ ਵਿਕਾਰਾਂ ਦੀ ਮਾਰ ਤੋਂ ਬਚ ਕੇ) ਸ਼ੇਰ (ਹੋਇਆ ਮਨ) ਗਿਆਨ-ਇੰਦ੍ਰਿਆਂ ਨੂੰ ਆਪਣੇ ਵੱਸ ਵਿਚ ਰੱਖਣ ਲੱਗ ਪੈਂਦਾ ਹੈ।
38531	898	ਕਉਡੀ ਕਾ ਲਖ ਹੂਆ ਮੂਲੁ॥		Kouddee Kaa Lakh Hooaa Mool ||	The shell is worth thousands of dollars,	(ਵਿਕਾਰਾਂ ਵਿਚ ਫਸਿਆ ਜੀਵ ਪਹਿਲਾਂ) ਕੌਡੀ (ਸਮਾਨ ਤੁੱਛ ਹਸਤੀ ਵਾਲਾ ਹੋ ਗਿਆ ਸੀ, ਹੁਣ ਉਸ) ਦਾ ਮੁੱਲ (ਮਾਨੋ) ਲੱਖਾਂ ਰੁਪਏ ਹੋ ਗਿਆ।
38532	898	ਬਕਰੀ ਕਉ ਹਸਤੀ ਪ੍ਰਤਿਪਾਲੇ॥	ਬੱਕਰੀ	Bakaree Ko Hasathee Prathipaalae ||	And the elephant nurses the goat,	(ਹੇ ਭਾਈ! ਦੁਨੀਆ ਦੇ ਧਨ-ਪਦਾਰਥ ਦੇ ਕਾਰਨ ਮਨੁੱਖ ਦਾ ਮਨ ਆਮ ਤੌਰ ਤੇ ਅਹੰਕਾਰ ਨਾਲ ਹਾਥੀ ਬਣਿਆ ਰਹਿੰਦਾ ਹੈ, ਪਰ) ਹਾਥੀ (ਮਨ) ਬੱਕਰੀ (ਵਾਲੇ ਗਰੀਬੀ ਸੁਭਾਉ) ਨੂੰ (ਆਪਣੇ ਅੰਦਰ) ਸੰਭਾਲਦਾ ਹੈ,
38533	898	ਅਪਨਾ ਪ੍ਰਭੁ ਨਦਰਿ ਨਿਹਾਲੇ॥੧॥		Apanaa Prabh Nadhar Nihaalae ||1||	When God bestows His Glance of Grace. ||1||	ਜਦੋਂ ਪਿਆਰਾ ਪ੍ਰਭੂ ਮਿਹਰ ਦੀ ਨਿਗਾਹ ਨਾਲ ਤੱਕਦਾ ਹੈ ॥੧॥
38534	898	ਕ੍ਰਿਪਾਨਿਧਾਨ ਪ੍ਰੀਤਮ ਪ੍ਰਭ ਮੇਰੇ॥		Kirapaa Nidhhaan Preetham Prabh Maerae ||	You are the treasure of mercy, O my Beloved Lord God.	ਹੇ ਮੇਰੇ ਪ੍ਰੀਤਮ ਪ੍ਰਭੂ! ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ!

38535	898	ਬਰਨਿ ਨ ਸਾਕਉ ਬਹੁ ਗੁਨ ਤੇਰੇ॥੧॥ਰਹਾਉ॥		Baran N Saako Bahu Gun Thaerae ||1|| Rehaao ||	I cannot even describe Your many Glorious Virtues. ||1||Pause||	ਤੇਰੇ ਅਨੇਕਾਂ ਗੁਣ ਹਨ, ਮੈਂ (ਸਾਰੇ) ਬਿਆਨ ਨਹੀਂ ਕਰ ਸਕਦਾ ॥੧॥ ਰਹਾਉ ॥
38536	898	ਦੀਸਤ ਮਾਸੁ ਨ ਖਾਇ ਬਿਲਾਈ॥	ਪਰ ਇਸਤ੍ਰੀ ਪਦਾਰਥ ਰੂਪੀ ਮਾਸੁ ਬੁੱਧ ਰੂਪੀ (ਬਿਲਾਈ)ਬਿੱਲੀ	Dheesath Maas N Khaae Bilaaee ||	The cat sees the meat, but does not eat it,	(ਹੇ ਭਾਈ! ਜਦੋਂ ਆਪਣਾ ਪ੍ਰਭੂ ਮਿਹਰ ਦੀ ਨਜ਼ਰ ਨਾਲ ਵੇਖਦਾ ਹੈ ਤਾਂ) ਬਿੱਲੀ ਦਿੱਸ ਰਿਹਾ ਮਾਸ ਨਹੀਂ ਖਾਂਦੀ (ਮਨ ਦੀ ਤ੍ਰਿਸ਼ਨਾ ਮੁੱਕ ਜਾਂਦੀ ਹੈ, ਮਨ ਮਾਇਕ ਪਦਾਰਥਾਂ ਵਲ ਨਹੀਂ ਤੱਕਦਾ)।
38537	898	ਮਹਾ ਕਸਾਬਿ ਛੁਰੀ ਸਟਿ ਪਾਈ॥	(ਮਹਾ)ਵੱਡੇ(ਕਸਾਬਿ)ਕਸਾਈ । ਕ੍ਰੋਧ ਰੂਪੀ ਸਧਨੇ ਨੇ ਹਿੰਸਾ ਰੂਪੀ ਛੁਰੀ। ਸੱਟਿ	Mehaa Kasaab Shhuree Satt Paaee ||	And the great butcher throws away his knife;	ਪ੍ਰਭੂ (ਦੀ ਕਿਰਪਾ ਨਾਲ) ਵੱਡੇ ਕਸਾਈ (ਨਿਰਦਈ ਮਨ) ਨੇ ਆਪਣੇ ਹੱਥੋਂ ਛੁਰੀ ਸੁੱਟ ਦਿੱਤੀ (ਨਿਰਦਇਤਾ ਦਾ ਸੁਭਾਉ ਤਿਆਗ ਦਿੱਤਾ)।
38538	898	ਕਰਣਹਾਰ ਪ੍ਰਭੁ ਹਿਰਦੈ ਵੂਠਾ॥		Karanehaar Prabh Hiradhai Voothaa ||	The Creator Lord God abides in the heart;	ਸਭ ਕੁਝ ਕਰ ਸਕਣ ਵਾਲਾ ਪ੍ਰਭੂ ਜਦੋਂ (ਆਪਣੀ ਕਿਰਪਾ ਨਾਲ ਜੀਵ ਦੇ) ਹਿਰਦੇ ਵਿਚ ਆ ਵੱਸਿਆ,
38539	898	ਫਾਥੀ ਮਛੁਲੀ ਕਾ ਜਾਲਾ ਤੂਟਾ॥੨॥		Faathhee Mashhulee Kaa Jaalaa Thoottaa ||2||	The net holding the fish breaks apart. ||2||	ਤਦੋਂ (ਮਾਇਆ ਦੇ ਮੋਹ ਦੇ ਜਾਲ ਵਿਚ) ਫਸੀ ਹੋਈ (ਜੀਵ-) ਮੱਛੀ ਦਾ (ਮਾਇਆ ਦੇ ਮੋਹ ਦਾ) ਜਾਲ ਟੁੱਟ ਗਿਆ ॥੨॥
38540	898	ਸੂਕੇ ਕਾਸਟ ਹਰੇ ਚਲੂਲ॥		Sookae Kaasatt Harae Chalool ||	The dry wood blossoms forth in greenery and red flowers;	(ਜਦੋਂ ਮਿਹਰ ਹੋਈ ਤਾਂ) ਸੁੱਕੇ ਹੋਏ ਕਾਠ ਚੁਹ-ਚੁਹ ਕਰਦੇ ਹਰੇ ਹੋ ਗਏ (ਮਨ ਦਾ ਰੁੱਖਾਪਨ ਦੂਰ ਹੋ ਕੇ ਜੀਵ ਦੇ ਅੰਦਰ ਦਇਆ ਪੈਦਾ ਹੋ ਗਈ),

38541	898	ਊਚੈ ਥਲਿ ਫੂਲੇ ਕਮਲ ਅਨੂਪ॥		Oochai Thhal Foolae Kamal Anoop ||	In the high desert, the beautiful lotus flower blooms.	ਉੱਚੇ ਟਿੱਬੇ ਉੱਤੇ ਸੋਹਣੇ ਕੌਲ-ਫੁੱਲ ਖਿੜ ਪਏ (ਜਿਸ ਆਕੜੇ ਹੋਏ ਮਨ ਉਤੇ ਪਹਿਲਾਂ ਹਰਿ-ਨਾਮ ਦੀ ਵਰਖਾ ਦਾ ਕੋਈ ਅਸਰ ਨਹੀਂ ਸੀ ਹੁੰਦਾ, ਹੁਣ ਉਹ ਖਿੜ ਪਿਆ)।
38542	898	ਅਗਨਿ ਨਿਵਾਰੀ ਸਤਿਗੁਰ ਦੇਵ॥		Agan Nivaaree Sathigur Dhaev ||	The Divine True Guru puts out the fire.	ਪਿਆਰੇ ਸਤਿਗੁਰੂ ਨੇ ਤ੍ਰਿਸ਼ਨਾ ਦੀ ਅੱਗ ਦੂਰ ਕਰ ਦਿੱਤੀ,
38543	898	ਸੇਵਕੁ ਅਪਨੀ ਲਾਇਓ ਸੇਵ॥੩॥		Saevak Apanee Laaeiou Saev ||3||	He links His servant to His service. ||3||	ਸੇਵਕ ਨੂੰ ਆਪਣੀ ਸੇਵਾ ਵਿਚ ਜੋੜ ਲਿਆ ॥੩॥
38544	898	ਅਕਿਰਤਘਣਾ ਕਾ ਕਰੇ ਉਧਾਰੁ॥	ਅਕਿਰਤ-ਘਣਾ	Akirathaghanaa Kaa Karae Oudhhaar ||	He saves even the ungrateful;	ਹੇ ਭਾਈ! ਉਹ (ਪ੍ਰਭੂ) ਨਾ-ਸ਼ੁਕਰਿਆਂ ਦਾ (ਵੀ) ਪਾਰ-ਉਤਾਰਾ ਕਰਦਾ ਹੈ।
38545	898	ਪ੍ਰਭੁ ਮੇਰਾ ਹੈ ਸਦਾ ਦਇਆਰੁ॥		Prabh Maeraa Hai Sadhaa Dhaeiaar ||	My God is forever merciful.	ਮੇਰਾ ਪ੍ਰਭੂ ਸਦਾ ਦਇਆ ਦਾ ਘਰ ਹੈ।
38546	898	ਸੰਤ ਜਨਾ ਕਾ ਸਦਾ ਸਹਾਈ॥		Santh Janaa Kaa Sadhaa Sehaaee ||	He is forever the helper and support of the humble Saints.	ਪ੍ਰਭੂ ਆਪਣੇ ਸੰਤਾਂ ਦਾ ਸਦਾ ਮਦਦਗਾਰ ਹੁੰਦਾ ਹੈ,
38547	898	ਚਰਨਕਮਲ ਨਾਨਕ ਸਰਣਾਈ॥੪॥੩੯॥੫੦॥		Charan Kamal Naanak Saranaaee ||4||39||50||	Nanak has found the Sanctuary of His lotus feet. ||4||39||50||	ਹੇ ਨਾਨਕ! (ਆਖ-) ਸੰਤ ਜਨ ਸਦਾ ਉਸ ਦੇ ਸੋਹਣੇ ਚਰਨਾਂ ਦੀ ਸਰਨ ਪਏ ਰਹਿੰਦੇ ਹਨ ॥੪॥੩੯॥੫੦॥

38548	898	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38549	899	ਪੰਚ ਸਿੰਘ ਰਾਖੇ ਪ੍ਰਭਿ ਮਾਰਿ॥		Panch Singh Raakhae Prabh Maar ||	God killed the five tigers.	(ਹੇ ਭਾਈ! ਜਿਉਂ ਜਿਉਂ ਮੈਂ ਪ੍ਰਭੂ ਨੂੰ ਸਿਮਰਿਆ ਹੈ) ਪ੍ਰਭੂ ਨੇ (ਮੇਰੇ ਅੰਦਰੋਂ) ਪੰਜ ਕਾਮਾਦਿਕ ਸ਼ੇਰ ਮਾਰ ਮੁਕਾਏ ਹਨ,
38550	899	ਦਸ ਬਿਘਿਆੜੀ ਲਈ ਨਿਵਾਰਿ॥		Dhas Bighiaarree Lee Nivaar ||	He has driven out the ten wolves.	ਦਸ ਇੰਦ੍ਰੀਆਂ ਦਾ ਦਬਾਉ ਭੀ ਮੇਰੇ ਉਤੋਂ ਦੂਰ ਕਰ ਦਿੱਤਾ ਹੈ।
38551	899	ਤੀਨਿ ਆਵਰਤ ਕੀ ਚੂਕੀ ਘੇਰ॥	ਚੌਰਾਸੀ ਦੇ ਗੇੜੇ ਅਥਵਾ ਤਿੰਨਾਂ ਗੁਣਾਂ ਦੀ(ਆ-ਵਰਤ) ਘੁੰਮਣ ਘੇਰੀ ਚੁੱਕੀ	Theen Aavarath Kee Chookee Ghaer ||	The three whirl-pools have stopped spinning.	ਮਾਇਆ ਦੇ ਤਿੰਨ ਗੁਣਾਂ ਦੀ ਘੁੰਮਣ-ਘੇਰੀ ਦਾ ਚੱਕਰ (ਭੀ) ਮੁੱਕ ਗਿਆ ਹੈ।
38552	899	ਸਾਧਸੰਗਿ ਚੂਕੇ ਭੈ ਫੇਰ॥੧॥		Saadhhasang Chookae Bhai Faer ||1||	In the Saadh Sangat, the Company of the Holy, the fear of reincarnation is gone. ||1||	ਗੁਰੂ ਦੀ ਸੰਗਤਿ ਵਿਚ (ਰਹਿਣ ਕਰਕੇ) ਜਨਮ ਮਰਨ ਗੇੜ ਦੇ ਸਾਰੇ ਡਰ ਭੀ ਖ਼ਤਮ ਹੋ ਗਏ ਹਨ ॥੧॥
38553	899	ਸਿਮਰਿ ਸਿਮਰਿ ਜੀਵਾ ਗੋਵਿੰਦ॥		Simar Simar Jeevaa Govindh ||	Meditating, meditating in remembrance on the Lord of the Universe, I live.	ਹੇ ਭਾਈ! ਮੈਂ ਪਰਮਾਤਮਾ (ਦਾ ਨਾਮ) ਮੁੜ ਮੁੜ ਸਿਮਰ ਕੇ ਆਤਮਕ ਜੀਵਨ ਹਾਸਲ ਕਰਦਾ ਹਾਂ।

38554	899	ਕਰਿ ਕਿਰਪਾ ਰਾਖਿਓ ਦਾਸੁ ਅਪਨਾ ਸਦਾ ਸਦਾ ਸਾਚਾ ਬਖਸਿੰਦ॥੧॥ਰਹਾਉ ॥	ਬਖ-ਸਿੰਦ	Kar Kirapaa Raakhiou Dhaas Apanaa Sadhaa Sadhaa Saachaa Bakhasindh ||1|| Rehaao ||	In His Mercy, He protects His slave; the True Lord is forever and ever the forgiver. ||1||Pause||	ਮੈਨੂੰ ਦਾਸ ਨੂੰ ਪਰਮਾਤਮਾ ਨੇ ਕਿਰਪਾ ਕਰ ਕੇ (ਆਪ ਹੀ ਕਾਮਾਦਿਕ ਵਿਕਾਰੋਂ ਤੋਂ) ਬਚਾ ਰੱਖਿਆ ਹੈ। ਸਦਾ ਕਾਇਮ ਰਹਿਣ ਵਾਲਾ ਮਾਲਕ ਸਦਾ ਹੀ ਬਖ਼ਸ਼ਸ਼ਾਂ ਕਰਨ ਵਾਲਾ ਹੈ ॥੧॥ ਰਹਾਉ ॥
38555	899	ਦਾਝਿ ਗਏ ਤ੍ਰਿਣ ਪਾਪ ਸੁਮੇਰ॥		Dhaajh Geae Thrin Paap Sumaer ||	The mountain of sin is burnt down, like straw,	ਹੇ ਭਾਈ! ਉਸ ਦੇ ਸੁਮੇਰ ਪਰਬਤ ਜੇਡੇ ਹੋ ਚੁਕੇ ਪਾਪ ਘਾਹ ਦੇ ਤੀਲਿਆਂ ਵਾਂਗ ਸੜ ਜਾਂਦੇ ਹਨ,
38556	899	ਜਪਿ ਜਪਿ ਨਾਮੁ ਪੂਜੇ ਪ੍ਰਭ ਪੈਰ॥		Jap Jap Naam Poojae Prabh Pair ||	By chanting and meditating on the Name, and worshipping God's feet.	ਜਦੋਂ ਕੋਈ ਜੀਵ ਪਰਮਾਤਮਾ ਦਾ ਨਾਮ ਜਪ ਜਪ ਕੇ ਉਸ ਦੇ ਚਰਨ ਪੂਜਣੇ ਸ਼ੁਰੂ ਕਰਦਾ ਹੈ।
38557	899	ਅਨਦ ਰੂਪ ਪ੍ਰਗਟਿਓ ਸਭ ਥਾਨਿ॥		Anadh Roop Pragattiou Sabh Thhaan ||	God, the embodiment of bliss, becomes manifest everywhere.	ਉਸ ਮਨੁੱਖ ਨੂੰ ਆਨੰਦ-ਸਰੂਪ ਪ੍ਰਭੂ ਹਰੇਕ ਥਾਂ ਵਿਚ ਵੱਸਦਾ ਦਿੱਸ ਪਿਆ,
38558	899	ਪ੍ਰੇਮ ਭਗਤਿ ਜੋਰੀ ਸੁਖ ਮਾਨਿ॥੨॥		Praem Bhagath Joree Sukh Maan ||2||	Linked to His loving devotional worship, I enjoy peace. ||2||	ਜਿਸ ਨੇ ਸੁਖਾਂ ਦੀ ਮਣੀ ਪ੍ਰਭੂ ਦੀ ਪ੍ਰੇਮ ਭਗਤੀ ਵਿਚ ਆਪਣੀ ਸੁਰਤ ਜੋੜੀ ॥੨॥

38559	899	ਸਾਗਰੁ ਤਰਿਓ ਬਾਛਰ ਖੋਜ॥		Saagar Thariou Baashhar Khoj ||	I have crossed over the world-ocean, as if it were no bigger than a calf's footprint on the ground.	(ਹੇ ਭਾਈ! ਜਿਸ ਨੇ ਭੀ ਨਾਮ ਜਪਿਆ ਉਸ ਨੇ) ਸੰਸਾਰ-ਸਮੁੰਦਰ ਇਉਂ ਤਰ ਲਿਆ ਜਿਵੇਂ (ਪਾਣੀ ਨਾਲ ਭਰਿਆ ਹੋਇਆ) ਵੱਛੇ ਦੇ ਖੁਰ ਦਾ ਨਿਸ਼ਾਨ ਹੈ;
38560	899	ਖੇਦੁ ਨ ਪਾਇਓ ਨਹ ਫੁਨਿ ਰੋਜ ॥		Khaedh N Paaeiou Neh Fun Roj ||	I shall never again have to endure suffering or grief.	ਨਾਹ ਉਸ ਨੂੰ ਕੋਈ ਦੁੱਖ ਪੁੰਹਦਾ ਹੈ ਨਾਹ ਕੋਈ ਚਿੰਤਾ-ਫ਼ਿਕਰ।
38561	899	ਸਿੰਧੁ ਸਮਾਇਓ ਘਟੁ ਕੇ ਮਾਹਿ॥	ਘਟੁ:ਪੋਲਾ ਬੋਲੋ	Sindhh Samaaeiou Ghattukae Maahi ||	The ocean is contained in the pitcher.	ਪ੍ਰਭੂ ਉਸ ਦੇ ਅੰਦਰ ਇਉਂ ਆ ਟਿਕਦਾ ਹੈ ਜਿਵੇਂ ਸਮੁੰਦਰ (ਮਾਨੋ) ਇਕ ਨਿੱਕੇ ਜਿਹੇ ਘੜੇ ਵਿਚ ਆ ਟਿਕੇ।
38562	899	ਕਰਣਹਾਰ ਕਉ ਕਿਛੁ ਅਚਰਜੁ ਨਾਹਿ॥੩॥	ਅ-ਚਰਜੁ	Karanehaar Ko Kishh Acharaj Naahi ||3||	This is not such an amazing thing for the Creator to do. ||3||	ਹੇ ਭਾਈ! ਸਿਰਜਨਹਾਰ ਪ੍ਰਭੂ ਵਾਸਤੇ ਇਹ ਕੋਈ ਅਨੋਖੀ ਗੱਲ ਨਹੀਂ ਹੈ ॥੩॥
38563	899	ਜਉ ਛੂਟਉ ਤਉ ਜਾਇ ਪਇਆਲ॥	ਪ-ਇਆਲ	Jo Shhootto Tho Jaae Paeiaal ||	When I am separated from Him, then I am consigned to the nether regions.	(ਹੇ ਭਾਈ!) ਜਦੋਂ (ਕਿਸੇ ਜੀਵ ਦੇ ਹੱਥੋਂ ਪ੍ਰਭੂ ਦਾ ਪੱਲਾ) ਛੁੱਟ ਜਾਂਦਾ ਹੈ, ਤਦੋਂ ਉਹ (ਮਾਨੋ) ਪਾਤਾਲ ਵਿਚ ਜਾ ਪੈਂਦਾ ਹੈ।
38564	899	ਜਉ ਕਾਢਿਓ ਤਉ ਨਦਰਿ ਨਿਹਾਲ॥		Jo Kaadtiou Tho Nadhar Nihaal ||	When He lifts me up and pulls me out, then I am enraptured by His Glance of Grace.	ਜਦੋਂ ਪ੍ਰਭੂ ਆਪ ਉਸ ਨੂੰ ਪਾਤਾਲ ਵਿਚੋਂ ਕੱਢ ਲੈਂਦਾ ਹੈ ਤਦੋਂ ਉਸ ਦੀ ਮਿਹਰ ਦੀ ਨਿਗਾਹ ਨਾਲ ਉਹ ਤਨੋਂ ਮਨੋਂ ਖਿੜ ਜਾਂਦਾ ਹੈ।
38565	899	ਪਾਪ ਪੁੰਨ ਹਮਰੈ ਵਸਿ ਨਾਹਿ॥	ਵੱਸਿ	Paap Punn Hamarai Vas Naahi ||	Vice and virtue are not under my control.	(ਹੇ ਭਾਈ!) ਚੰਗੇ ਮਾੜੇ ਕੰਮ ਕਰਨੇ ਅਸਾਂ ਜੀਵਾਂ ਦੇ ਵੱਸ ਵਿਚ ਨਹੀਂ ਹਨ।

38566	899	ਰਸਕਿ ਰਸਕਿ ਨਾਨਕ ਗੁਣ ਗਾਹਿ॥੪॥੪੦॥੫੧॥		Rasak Rasak Naanak Gun Gaahi ||4||40||51||	With love and affection, Nanak sings His Glorious Praises. ||4||40||51||	ਹੇ ਨਾਨਕ! (ਆਖ-ਜਿਨ੍ਹਾਂ ਉਤੇ ਉਹ ਮਿਹਰ ਕਰਦਾ ਹੈ, ਉਹ ਬੰਦੇ) ਬੜੇ ਪ੍ਰੇਮ ਨਾਲ ਉਸ ਦੇ ਗੁਣ ਗਾਂਦੇ ਹਨ ॥੪॥੪੦॥੫੧॥
38567	899	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38568	899	ਨਾ ਤਨੁ ਤੇਰਾ ਨਾ ਮਨੁ ਤੋਹਿ॥		Naa Than Thaeraa Naa Man Thohi ||	Neither your body nor your mind belong to you.	(ਹੇ ਭਾਈ!) ਨਾਹ ਉਹ ਸਰੀਰ ਤੇਰਾ ਹੈ, ਤੇ, ਨਾਹ ਹੀ (ਉਸ ਸਰੀਰ ਵਿਚ ਵੱਸਦਾ) ਮਨ ਤੇਰਾ ਹੈ,
38569	899	ਮਾਇਆ ਮੋਹਿ ਬਿਆਪਿਆ ਧੋਹਿ॥		Maaeiaa Mohi Biaapiaa Dhhohi ||	Attached to Maya, you are entangled in fraud.	(ਜਿਸ ਸਰੀਰ ਦੀ ਖ਼ਾਤਰ) ਤੂੰ ਮਾਇਆ ਦੇ ਮੋਹ ਵਿਚ ਦੀ ਠੱਗੀ ਵਿਚ ਫਸਿਆ ਰਹਿੰਦਾ ਹੈਂ।
38570	899	ਕੁਦਮ ਕਰੈ ਗਾਡਰ ਜਿਉ ਛੇਲ॥	ਕੁੱਦਮ	Kudham Karai Gaaddar Jio Shhael ||	You play like a baby lamb.	(ਵੇਖ!) ਜਿਵੇਂ ਭੇਡ ਦਾ ਬੱਚਾ ਭੇਡ ਨਾਲ ਕਲੋਲ ਕਰਦਾ ਹੈ (ਉਸ ਵਿਚਾਰੇ ਉਤੇ) ਅਚਨਚੇਤ (ਮੌਤ ਦਾ) ਜਾਲ ਆ ਪੈਂਦਾ ਹੈ,
38571	899	ਅਚਿੰਤੁ ਜਾਲੁ ਕਾਲੁ ਚਕੁ ਪੇਲ॥੧॥		Achinth Jaal Kaal Chakra Pael ||1||	But suddenly, Death will catch you in its noose. ||1||	(ਉਸ ਉਤੇ) ਮੌਤ ਅਪਣਾ ਚੱਕਰ ਚਲਾ ਦੇਂਦੀ ਹੈ (ਇਹੀ ਹਾਲ ਹਰੇਕ ਜੀਵ ਦਾ ਹੁੰਦਾ ਹੈ) ॥੧॥

38572	899	ਹਰਿ ਚਰਨਕਮਲ ਸਰਨਾਇ ਮਨਾ॥		Har Charan Kamal Saranaae Manaa ||	Seek the Sanctuary of the Lord's lotus feet, O my mind.	ਹੇ (ਮੇਰੇ) ਮਨ! ਪ੍ਰਭੂ ਦੇ ਸੋਹਣੇ ਚਰਨਾਂ ਦੀ ਸਰਨ ਪਿਆ ਰਹੁ।
38573	899	ਰਾਮ ਨਾਮੁ ਜਪਿ ਸੰਗਿ ਸਹਾਈ ਗੁਰਮੁਖਿ ਪਾਵਹਿ ਸਾਚੁ ਧਨਾ॥੧॥ਰਹਾਉ॥		Raam Naam Jap Sang Sehaaee Guramukh Paavehi Saach Dhhanaa ||1|| Rehaao ||	Chant the Name of the Lord, which will be your help and support. As Gurmukh, you shall obtain the true wealth. ||1||Pause||	ਪਰਮਾਤਮਾ ਦਾ ਨਾਮ ਜਪਦਾ ਰਿਹਾ ਕਰ, ਇਹੀ ਤੇਰੇ ਨਾਲ ਅਸਲ ਮਦਦਗਾਰ ਹੈ। ਪਰ ਇਹ ਸਦਾ ਕਾਇਮ ਰਹਿਣ ਵਾਲਾ ਨਾਮ-ਧਨ ਤੂੰ ਗੁਰੂ ਦੀ ਸਰਨ ਪੈ ਕੇ ਲੱਭ ਸਕੇਂਗਾ ॥੧॥ ਰਹਾਉ ॥
38574	899	ਊਨੇ ਕਾਜ ਨ ਹੋਵਤ ਪੂਰੇ॥		Oonae Kaaj N Hovath Poorae ||	Your unfinished worldly affairs will never be resolved.	ਜੀਵ ਦੇ ਇਹ ਕਦੇ ਨਾਹ ਮੁੱਕ ਸਕਣ ਵਾਲੇ ਕੰਮ ਕਦੇ ਸਿਰੇ ਨਹੀਂ ਚੜ੍ਹਦੇ;
38575	899	ਕਾਮਿ ਕ੍ਰੋਧਿ ਮਦਿ ਸਦ ਹੀ ਝੂਰੇ॥		Kaam Krodhh Madh Sadh Hee Jhoorae ||	You shall always regret your sexual desire, anger and pride.	ਕਾਮ-ਵਾਸਨਾ ਵਿਚ, ਕ੍ਰੋਧ ਵਿਚ, ਮਾਇਆ ਦੇ ਨਸ਼ੇ ਵਿਚ ਜੀਵ ਸਦਾ ਹੀ ਗਿਲੇ-ਗੁਜ਼ਾਰੀਆਂ ਕਰਦਾ ਰਹਿੰਦਾ ਹੈ।
38576	899	ਕਰੈ ਬਿਕਾਰ ਜੀਅਰੇ ਕੈ ਤਾਈ॥	ਤਾਂਈਂ	Karai Bikaar Jeearae Kai Thaaee ||	You act in corruption in order to survive,	ਆਪਣੀ ਇਸ ਜਿੰਦ (ਨੂੰ ਸੁਖ ਦੇਣ) ਦੀ ਖ਼ਾਤਰ ਜੀਵ ਵਿਕਾਰ ਕਰਦਾ ਰਹਿੰਦਾ ਹੈ,
38577	899	ਗਾਫਲ ਸੰਗਿ ਨ ਤਸੂਆ ਜਾਈ॥੨॥	(ਤਸੂਅ)ਾਗਜ ਦਾ ਚੌਵੀਵਾਂ ਹਿੱਸਾ ਦੋ ਸੂਤ,ਭਾਵ ਥੋਹੜੇ ਮਾੜ੍ਹ	Gaafal Sang N Thasooaa Jaaee ||2||	But not even an iota will go along with you, you ignorant fool! ||2||	ਪਰ (ਰੱਬ ਦੀ ਯਾਦ ਵਲੋਂ) ਅਵੇਸਲੇ ਹੋ ਚੁਕੇ ਜੀਵ ਦੇ ਨਾਲ (ਦੁਨੀਆ ਦੇ ਪਦਾਰਥਾਂ ਵਿਚੋਂ) ਰਤਾ ਭੀ ਨਹੀਂ ਜਾਂਦਾ ॥੨॥

38578	899	ਧਰਤ ਧੋਹ ਅਨਿਕ ਛਲ ਜਾਨੈ॥		Dhharath Dhhoh Anik Shhal Jaanai ||	You practice deception, and you know many tricks;	ਮੂਰਖ ਜੀਵ ਅਨੇਕਾਂ ਠੱਗੀਆਂ ਕਰਦਾ ਹੈ, ਅਨੇਕਾਂ ਫ਼ਰੇਬ ਕਰਨੇ ਜਾਣਦਾ ਹੈ।
38579	899	ਕਉਡੀ ਕਉਡੀ ਕਉ ਖਾਕੁ ਸਿਰਿ ਛਾਨੈ॥		Kouddee Kouddee Ko Khaak Sir Shhaanai ||	For the sake of mere shells, you throw dust upon your head.	ਕੌਡੀ ਕੌਡੀ ਕਮਾਣ ਦੀ ਖ਼ਾਤਰ ਆਪਣੇ ਸਿਰ ਉਤੇ (ਦਗ਼ੇ-ਫ਼ਰੇਬ ਦੇ ਕਾਰਨ ਬਦਨਾਮੀ ਦੀ) ਸੁਆਹ ਪਾਂਦਾ ਫਿਰਦਾ ਹੈ।
38580	899	ਜਿਨਿ ਦੀਆ ਤਿਸੈ ਨ ਚੇਤੈ ਮੂਲਿ॥		Jin Dheeaa Thisai N Chaethai Mool ||	You never even think of the One who gave you life.	ਜਿਸ (ਪ੍ਰਭੂ) ਨੇ (ਇਸ ਨੂੰ ਇਹ ਸਭ ਕੁਝ) ਦਿੱਤਾ ਹੈ ਉਸ ਨੂੰ ਇਹ ਬਿਲਕੁਲ ਯਾਦ ਨਹੀਂ ਕਰਦਾ।
38581	899	ਮਿਥਿਆ ਲੋਭੁ ਨ ਉਤਰੈ ਸੂਲੁ॥੩॥	ਉੱਤਰੈ	Mithhiaa Lobh N Outharai Sool ||3||	The pain of false greed never leaves you. ||3||	(ਇਸ ਦੇ ਅੰਦਰ) ਨਾਸਵੰਤ ਪਦਾਰਥਾਂ ਦਾ ਲੋਭ ਟਿਕਿਆ ਰਹਿੰਦਾ ਹੈ (ਇਹਨਾਂ ਦੀ) ਚੋਭ (ਇਸ ਦੇ ਅੰਦਰੋਂ) ਕਦੇ ਨਹੀਂ ਦੂਰ ਹੁੰਦੀ ॥੩॥
38582	899	ਪਾਰਬ੍ਰਹਮ ਜਬ ਭਏ ਦਇਆਲ॥		Paarabreham Jab Bheae Dhaeiaal ||	When the Supreme Lord God becomes merciful,	ਪਰਮਾਤਮਾ ਜਦੋਂ ਕਿਸੇ ਜੀਵ ਉਤੇ ਦਇਆਵਾਨ ਹੁੰਦਾ ਹੈ,
38583	899	ਇਹੁ ਮਨੁ ਹੋਆ ਸਾਧ ਰਵਾਲ॥		Eihu Man Hoaa Saadhh Ravaal ||	This mind becomes the dust of the feet of the Holy.	ਉਸ ਜੀਵ ਦਾ ਇਹ ਮਨ ਗੁਰੂ ਦੇ ਚਰਨਾਂ ਦੀ ਧੂੜ ਬਣਦਾ ਹੈ।
38584	899	ਹਸਤਕਮਲ ਲੜਿ ਲੀਨੋ ਲਾਇ॥		Hasath Kamal Larr Leeno Laae ||	With His lotus hands, He has attached us to the hem of His robe.	ਗੁਰੂ ਉਸ ਨੂੰ ਆਪਣੇ ਸੋਹਣੇ ਹੱਥਾਂ ਨਾਲ ਆਪਣੇ ਪੱਲੇ ਲਾ ਲੈਂਦਾ ਹੈ,

38585	899	ਨਾਨਕ ਸਾਚੈ ਸਾਚਿ ਸਮਾਇ॥੪॥੪੧॥੫੨॥		Naanak Saachai Saach Samaae ||4||41||52||	Nanak merges in the Truest of the True. ||4||41||52||	ਤੇ, ਹੇ ਨਾਨਕ! (ਉਹ ਭਾਗਾਂ ਵਾਲਾ) ਸਦਾ ਹੀ ਸਦਾ-ਥਿਰ ਪ੍ਰਭੂ ਵਿਚ ਲੀਨ ਹੋਇਆ ਰਹਿੰਦਾ ਹੈ ॥੪॥੪੧॥੫੨॥
38586	899	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38587	899	ਰਾਜਾਰਾਮ ਕੀ ਸਰਣਾਇ॥		Raajaa Raam Kee Saranaae ||	I seek the Sanctuary of the Sovereign Lord.	ਹੇ ਭਾਈ! ਜਿਹੜੇ ਮਨੁੱਖ ਪ੍ਰਕਾਸ਼-ਸਰੂਪ ਪਰਮਾਤਮਾ ਦਾ ਆਸਰਾ ਲੈਂਦੇ ਹਨ,
38588	899	ਨਿਰਭਉ ਭਏ ਗੋਬਿੰਦ ਗੁਨ ਗਾਵਤ ਸਾਧਸੰਗਿ ਦੁਖੁ ਜਾਇ॥੧॥ਰਹਾਉ॥		Nirabho Bheae Gobindh Gun Gaavath Saadhhasang Dhukh Jaae ||1|| Rehaao ||	I have become fearless, singing the Glorious Praises of the Lord of the Universe. In the Saadh Sangat, the Company of the Holy, my pains have been taken away. ||1||Pause||	ਪਰਮਾਤਮਾ ਦੇ ਗੁਣ ਗਾਂਦਿਆਂ ਗਾਂਦਿਆਂ ਉਹ ਦੁਨੀਆ ਦੇ ਡਰਾਂ ਤੋਂ ਮੁਕਤ ਹੋ ਜਾਂਦੇ ਹਨ; ਗੁਰੂ ਦੀ ਸੰਗਤਿ ਵਿਚ ਰਹਿ ਕੇ ਉਹਨਾਂ ਦਾ (ਹਰੇਕ) ਦੁੱਖ ਦੂਰ ਹੋ ਜਾਂਦਾ ਹੈ ॥੧॥ ਰਹਾਉ ॥
38589	899	ਜਾ ਕੈ ਰਾਮੁ ਬਸੈ ਮਨ ਮਾਹੀ॥		Jaa Kai Raam Basai Man Maahee ||	That person, within whose mind the Lord abides,	ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ (ਦਾ ਨਾਮ) ਆ ਵੱਸਦਾ ਹੈ,

38590	899	ਸੋ ਜਨੁ ਦੁਤਰੁ ਪੇਖਤ ਨਾਹੀ॥	ਦੁੱਤ-ਰੁ	So Jan Dhuthar Paekhath Naahee ||	Does not see the impassible world-ocean.	ਉਹ ਮਨੁੱਖ ਔਖਿਆਈ ਨਾਲ ਤਰੇ ਜਾਣ ਵਾਲੇ ਇਸ ਸੰਸਾਰ-ਸਮੁੰਦਰ ਨੂੰ ਵੇਖਦਾ ਭੀ ਨਹੀਂ (ਉਸ ਦੇ ਰਸਤੇ ਵਿਚ) ਇਹ ਕੋਈ ਰੁਕਾਵਟ ਨਹੀਂ ਪਾਂਦਾ।
38591	899	ਸਗਲੇ ਕਾਜ ਸਵਾਰੇ ਅਪਨੇ॥		Sagalae Kaaj Savaarae Apanae ||	All one's affairs are resolved,	ਉਹ ਮਨੁੱਖ ਆਪਣੇ ਸਾਰੇ ਕੰਮ ਸਿਰੇ ਚਾੜ੍ਹ ਲੈਂਦਾ ਹੈ।
38592	899	ਹਰਿ ਹਰਿ ਨਾਮੁ ਰਸਨ ਨਿਤ ਜਪਨੇ॥੧॥		Har Har Naam Rasan Nith Japanae ||1||	By chanting continually the Name of the Lord, Har, Har. ||1||	ਪਰਮਾਤਮਾ ਦਾ ਨਾਮ (ਆਪਣੀ) ਜੀਭ ਨਾਲ ਨਿੱਤ ਜਪ ਜਪ ਕੇ (ਤਰ ਜਾਂਦਾ ਹੈ) ॥੧॥
38593	899	ਜਿਸ ਕੈ ਮਸਤਕਿ ਹਾਥੁ ਗੁਰੁ ਧਰੈ॥		Jis Kai Masathak Haathh Gur Dhharai ||	Why should His slave feel any anxiety?	ਹੇ ਭਾਈ! ਇਸ ਮਨੁੱਖ ਦੇ ਮੱਥੇ ਉਤੇ ਗੁਰੂ (ਆਪਣਾ) ਹੱਥ ਰੱਖਦਾ ਹੈ,
38594	899	ਸੋ ਦਾਸੁ ਅਦੇਸਾ ਕਾਹੇ ਕਰੈ॥		So Dhaas Adhaesaa Kaahae Karai ||	The Guru places His hand upon my forehead.	(ਪ੍ਰਭੂ ਦਾ ਉਹ) ਸੇਵਕ ਕਿਸੇ ਤਰ੍ਹਾਂ ਦਾ ਭੀ ਕੋਈ ਚਿੰਤਾ-ਫ਼ਿਕਰ ਨਹੀਂ ਕਰਦਾ।
38595	899	ਜਨਮ ਮਰਣ ਕੀ ਚੂਕੀ ਕਾਣਿ॥		Janam Maran Kee Chookee Kaan ||	The fear of birth and death is dispelled;	ਉਸ ਮਨੁੱਖ ਦਾ ਜਨਮ ਮਰਨ ਦੇ ਗੇੜ ਦਾ ਡਰ ਮੁੱਕ ਜਾਂਦਾ ਹੈ।
38596	899	ਪੂਰੇ ਗੁਰ ਊਪਰਿ ਕੁਰਬਾਣ॥੨॥		Poorai Gur Oopar Kurabaan ||2||	I am a sacrifice to the Perfect Guru. ||2||	ਉਹ ਪੂਰੇ ਗੁਰੂ ਉਤੋਂ ਸਦਾ ਸਦਕੇ ਜਾਂਦਾ ਹੈ (ਆਪਣਾ ਆਪਾ ਵਾਰਦਾ ਰਹਿੰਦਾ ਹੈ) ॥੨॥
38597	899	ਗੁਰੁ ਪਰਮੇਸਰੁ ਭੇਟਿ ਨਿਹਾਲ॥		Gur Paramaesar Bhaett Nihaal ||	I am enraptured, meeting with the Guru, the Transcendent Lord.	ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਪਰਮੇਸਰ ਮਿਲ ਪੈਂਦਾ ਹੈ, ਉਹ ਸਦਾ ਖਿੜਿਆ ਰਹਿੰਦਾ ਹੈ।

38598	899	ਸੋ ਦਰਸਨੁ ਪਾਏ ਜਿਸੁ ਹੋਇ ਦਇਆਲੁ॥		So Dharasan Paaeae Jis Hoe Dhaeiaal ||	He alone obtains the Blessed Vision of the Lord's Darshan, who is blessed by His Mercy.	(ਪਰ ਗੁਰੂ ਦਾ ਪਰਮੇਸਰ ਦਾ) ਦਰਸਨ ਉਹੀ ਮਨੁੱਖ ਪ੍ਰਾਪਤ ਕਰਦਾ ਹੈ, ਜਿਸ ਉਤੇ ਪ੍ਰਭੂ ਆਪ ਦਇਆਵਾਨ ਹੁੰਦਾ ਹੈ।
38599	899	ਪਾਰਬ੍ਰਹਮੁ ਜਿਸੁ ਕਿਰਪਾ ਕਰੈ॥		Paarabreham Jis Kirapaa Karai ||	One who is blessed by the Grace of the Supreme Lord God,	ਜਿਸ ਮਨੁੱਖ ਉਤੇ ਪਰਮਾਤਮਾ ਮਿਹਰ ਕਰਦਾ ਹੈ,
38600	899	ਸਾਧਸੰਗਿ ਸੋ ਭਵਜਲੁ ਤਰੈ॥੩॥		Saadhhasang So Bhavajal Tharai ||3||	Crosses over the terrifying world-ocean in the Saadh Sangat, the Company of the Holy. ||3||	ਉਹ ਮਨੁੱਖ ਗੁਰੂ ਦੀ ਸੰਗਤਿ ਵਿਚ (ਰਹਿ ਕੇ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੩॥
38601	899	ਅੰਮ੍ਰਿਤੁ ਪੀਵਹੁ ਸਾਧ ਪਿਆਰੇ॥		Anmrith Peevahu Saadhh Piaarae ||	Drink in the Ambrosial Nectar, O Beloved Holy people.	ਹੇ ਪਿਆਰੇ ਸੰਤ ਜਨੋ! (ਤੁਸੀ ਭੀ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦੇ ਰਹੋ,
38602	899	ਮੁਖ ਊਜਲ ਸਾਚੈ ਦਰਬਾਰੇ॥		Mukh Oojal Saachai Dharabaarae ||	Your face shall be radiant and bright in the Court of the Lord.	ਸਦਾ-ਥਿਰ ਪ੍ਰਭੂ ਦੇ ਦਰਬਾਰ ਵਿਚ ਤੁਹਾਡੇ ਮੂੰਹ ਉਜਲੇ ਹੋਣਗੇ (ਤੁਹਾਨੂੰ ਉਥੇ ਆਦਰ-ਸਤਕਾਰ ਮਿਲੇਗਾ)।
38603	899	ਅਨਦ ਕਰਹੁ ਤਜਿ ਸਗਲ ਬਿਕਾਰ॥		Anadh Karahu Thaj Sagal Bikaar ||	Celebrate and be blissful, and abandon all corruption.	(ਹੇ ਸੰਤ ਜਨੋ!) ਸਾਰੇ ਵਿਚਾਰ ਛੱਡ ਕੇ ਆਤਮਕ ਆਨੰਦ ਮਾਣਦੇ ਰਹੋ,

38604	899	ਨਾਨਕ ਹਰਿ ਜਪਿ ਉਤਰਹੁ ਪਾਰਿ॥੪॥੪੨॥੫੩॥	ਉੱਤਰ-ਹੁ	Naanak Har Jap Outharahu Paar ||4||42||53||	O Nanak, meditate on the Lord and cross over. ||4||42||53||	ਹੇ ਨਾਨਕ! ਪਰਮਾਤਮਾ ਦਾ ਨਾਮ ਜਪ ਕੇ ਤੁਸੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਉਗੇ ॥੪॥੪੨॥੫੩॥
38605	900	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38606	900	ਈਧਨ ਤੇ ਬੈਸੰਤਰੁ ਭਾਗੈ॥		Eaneedhhan Thae Baisanthar Bhaagai ||	The fire runs away from the fuel.	(ਹੇ ਮਨ! ਵੇਖ ਉਸ ਪ੍ਰਭੂ ਦੀਆਂ ਅਸਚਰਜ ਤਾਕਤਾਂ!) ਲੱਕੜੀ ਤੋਂ ਅੱਗ ਪਰੇ ਭੱਜਦੀ ਹੈ (ਲੱਕੜੀ ਵਿਚ ਅੱਗ ਹਰ ਵੇਲੇ ਮੌਜੂਦ ਹੈ, ਪਰ ਉਸ ਨੂੰ ਸਾੜਦੀ ਨਹੀਂ)।
38607	900	ਮਾਟੀ ਕਉ ਜਲੁ ਦਹ ਦਿਸ ਤਿਆਗੈ॥		Maattee Ko Jal Dheh Dhis Thiaagai ||	The water runs away from the dust in all directions.	(ਸਮੁੰਦਰ ਦਾ) ਪਾਣੀ ਧਰਤੀ ਨੂੰ ਹਰ ਪਾਸੇ ਵਲੋਂ ਤਿਆਗੀ ਰੱਖਦਾ ਹੈ (ਧਰਤੀ ਸਮੁੰਦਰ ਦੇ ਵਿਚ ਰਹਿੰਦੀ ਹੈ, ਪਰ ਸਮੁੰਦਰ ਇਸ ਨੂੰ ਡੋਬਦਾ ਨਹੀਂ)।
38608	900	ਊਪਰਿ ਚਰਨ ਤਲੈ ਆਕਾਸੁ॥		Oopar Charan Thalai Aakaas ||	The feet are above, and the sky is beneath.	(ਰੁੱਖ ਦੇ) ਪੈਰ (ਜੜ੍ਹਾਂ) ਉਪਰ ਵਲ ਹਨ, ਤੇ ਸਿਰ ਹੇਠਲੇ ਪਾਸੇ ਹੈ।
38609	900	ਘਟ ਮਹਿ ਸਿੰਧੁ ਕੀਓ ਪਰਗਾਸੁ॥੧॥	ਘਟ:ਪੋਲਾ ਬੋਲੋ	Ghatt Mehi Sindhh Keeou Paragaas ||1||	The ocean appears in the cup. ||1||	ਘੜੇ ਵਿਚ (ਨਿੱਕੇ ਨਿੱਕੇ ਸਰੀਰਾਂ ਵਿਚ) ਸਮੁੰਦਰ-ਪ੍ਰਭੂ ਆਪਣਾ ਆਪ ਪਰਕਾਸ਼ਦਾ ਹੈ ॥੧॥

38610	900	ਐਸਾ ਸੰਮ੍ਰਥੁ ਹਰਿ ਜੀਉ ਆਪਿ॥		Aisaa Sanmrathh Har Jeeo Aap ||	Such is our all-powerful dear Lord.	ਹੇ ਮਨ! ਪਰਮਾਤਮਾ ਆਪ ਬੜੀਆਂ ਤਾਕਤਾਂ ਦਾ ਮਾਲਕ ਹੈ।
38611	900	ਨਿਮਖ ਨ ਬਿਸਰੈ ਜੀਅ ਭਗਤਨ ਕੈ ਆਠ ਪਹਰ ਮਨ ਤਾ ਕਉ ਜਾਪਿ॥੧॥ਰਹਾਉ॥		Nimakh N Bisarai Jeea Bhagathan Kai Aath Pehar Man Thaa Ko Jaap ||1|| Rehaao ||	His devotees do not forget Him, even for an instant. Twenty-four hours a day, O mind, meditate on Him. ||1||Pause||	ਉਹ ਪਰਮਾਤਮਾ ਆਪਣੇ ਭਗਤਾਂ ਦੇ ਮਨ ਤੋਂ ਅੱਖ ਝਮਕਣ ਜਿਤਨੇ ਸਮੇ ਲਈ ਭੀ ਨਹੀਂ ਵਿਸਰਦਾ। ਹੇ ਮਨ! ਤੂੰ ਭੀ ਉਸ ਨੂੰ ਅੱਠੇ ਪਹਿਰ ਜਪਿਆ ਕਰ ॥੧॥ ਰਹਾਉ ॥
38612	900	ਪ੍ਰਥਮੇ ਮਾਖਨੁ ਪਾਛੈ ਦੂਧੁ॥		Prathhamae Maakhan Paashhai Dhoodhh ||	First comes the butter, and then the milk.	(ਹੇ ਭਾਈ! ਪਹਿਲਾਂ ਦੁੱਧ ਹੁੰਦਾ ਹੈ, ਉਸ ਨੂੰ ਰਿੜਕਿਆਂ ਉਸ ਦੁੱਧ ਦਾ ਤੱਤ-ਮੱਖਣ ਪਿੱਛੋਂ ਨਿਕਲਦਾ ਹੈ। ਪਰ ਵੇਖ! ਸ੍ਰਿਸ਼ਟੀ ਦਾ ਤੱਤ-) ਮੱਖਣ ਪਰਮਾਤਮਾ ਪਹਿਲਾਂ ਮੌਜੂਦ ਹੈ, ਤੇ (ਉਸ ਦਾ ਪਸਾਰਾ-ਜਗਤ) ਦੁੱਧ ਪਿਛੋਂ (ਬਣਦਾ) ਹੈ (ਜਗਤ-ਪਸਾਰੇ ਰੂਪ ਦੁੱਧ ਵਿਚ ਤੱਤ-ਪ੍ਰਭੂ-ਮੱਖਣ ਸਰਬ-ਵਿਆਪਕ ਹੈ)।
38613	900	ਮੈਲੂ ਕੀਨੋ ਸਾਬੁਨੁ ਸੂਧੁ॥		Mailoo Keeno Saabun Soodhh ||	The dirt cleans the soap.	(ਜੀਵਾਂ ਦੀ ਪਾਲਣਾ ਵਾਸਤੇ) ਮੈਲ ਨੂੰ (ਮਾਂ ਦੇ ਲਹੂ ਨੂੰ) ਸੁੱਧ ਸਾਬਣ ਵਰਗਾ ਚਿੱਟਾ ਦੁੱਧ ਬਣਾ ਦੇਂਦਾ ਹੈ।

38614	900	ਭੈ ਤੇ ਨਿਰਭਉ ਡਰਤਾ ਫਿਰੈ॥		Bhai Thae Nirabho Ddarathaa Firai ||	The fearless are afraid of fear.	ਨਿਰਭਉ-ਪ੍ਰਭੂ ਦੀ ਅੰਸ ਜੀਵ ਦੁਨੀਆ ਦੇ ਅਨੇਕਾਂ ਡਰਾਂ ਤੋਂ ਡਰਦਾ ਫਿਰਦਾ ਹੈ,
38615	900	ਹੋਂਦੀ ਕਉ ਅਣਹੋਂਦੀ ਹਿਰੈ॥੨॥	(ਹੋਂਦੀ)ਹੋਣ ਵਾਲੀ ਮੌਤ ਨੂੰ	Honadhee Ko Anehonadhee Hirai ||2||	The living are killed by the dead. ||2||	ਹੋਂਦ ਵਾਲੀ ਜਿੰਦ ਨੂੰ ਅਣਹੋਂਦੀ ਮਾਇਆ, ਜਿਸ ਦੀ (ਵੱਖਰੀ) ਹਸਤੀ ਕੋਈ ਨਹੀਂ, ਜੀਵ ਨੂੰ ਭਜਾਈ ਫਿਰਦੀ ਹੈ ॥੨॥
38616	900	ਦੇਹੀ ਗੁਪਤ ਬਿਦੇਹੀ ਦੀਸੈ॥		Dhaehee Gupath Bidhaehee Dheesai ||	The visible body is hidden, and the etheric body is seen.	ਹੇ ਭਾਈ! ਸਰੀਰ ਦਾ ਮਾਲਕ ਆਤਮਾ (ਸਰੀਰ ਵਿਚ) ਲੁਕਿਆ ਰਹਿੰਦਾ ਹੈ, ਸਿਰਫ਼ ਸਰੀਰ ਦਿੱਸਦਾ ਹੈ।
38617	900	ਸਗਲੇ ਸਾਜਿ ਕਰਤ ਜਗਦੀਸੈ॥	ਜੱਗਦੀਸੈ	Sagalae Saaj Karath Jagadheesai ||	The Lord of the world does all these things.	ਸਾਰੇ ਜੀਵਾਂ ਨੂੰ ਪੈਦਾ ਕਰ ਕੇ ਜਗਤ ਦਾ ਮਾਲਕ ਪ੍ਰਭੂ (ਅਨੇਕਾਂ ਕੌਤਕ) ਕਰਦਾ ਰਹਿੰਦਾ ਹੈ।
38618	900	ਠਗਣਹਾਰ ਅਣਠਗਦਾ ਠਾਗੈ॥	ਠੱਗਣਹਾਰ।ਅਣਠੱਗਦਾ	Thaganehaar Anathagadhaa Thaagai ||	The one who is cheated, is not cheated by the cheat.	ਠਗਣੀ-ਮਾਇਆ ਜੀਵ ਨੂੰ ਸਦਾ ਠੱਗਦੀ ਰਹਿੰਦੀ ਹੈ।
38619	900	ਬਿਨੁ ਵਖਰ ਫਿਰਿ ਫਿਰਿ ਉਠਿ ਲਾਗੈ॥੩॥		Bin Vakhar Fir Fir Outh Laagai ||3||	With no merchandise, the trader trades again and again. ||3||	ਨਾਮ ਦੀ ਪੂੰਜੀ ਤੋਂ ਸੱਖਣਾ ਜੀਵ ਮੁੜ ਮੁੜ ਮਾਇਆ ਨੂੰ ਚੰਬੜਦਾ ਹੈ ॥੩॥
38620	900	ਸੰਤ ਸਭਾ ਮਿਲਿ ਕਰਹੁ ਬਖਿਆਣ॥		Santh Sabhaa Mil Karahu Bakhiaan ||	So join the Society of the Saints, and chant the Lord's Name.	(ਹੇ ਭਾਈ!) ਸੰਤ-ਸਭਾ ਵਿਚ ਮਿਲ ਕੇ (ਧਰਮ ਸ਼ਾਸਤ੍ਰਾਂ ਦੀ ਬੇਸ਼ੱਕ) ਵਿਆਖਿਆ ਕਰ ਕੇ ਵੇਖ ਲਵੋ,

38621	900	ਸਿੰਮ੍ਰਿਤਿ ਸਾਸਤ ਬੇਦ ਪੁਰਾਣ॥	ਸਿੰਮ-ਰ੍ਿਤਿ	Sinmrith Saasath Baedh Puraan ||	So say the Simritees, Shaastras, Vedas and Puraanas.	(ਭਾਵੇਂ) ਸਿੰਮ੍ਰਿਤੀਆਂ ਸ਼ਾਸਤ੍ਰਾਂਵੇਦਾਂ ਪੁਰਾਣਾਂ ਦੀ (ਦੀ ਵੀਚਾਰ ਕਰ ਲਉ, ਇਸ ਠਗਣੀ ਮਾਇਆ ਤੋਂ ਬਚਾਉ ਨਹੀਂ ਹੋ ਸਕਦਾ)।
38622	900	ਬ੍ਰਹਮ ਬੀਚਾਰੁ ਬੀਚਾਰੇ ਕੋਇ॥		Breham Beechaar Beechaarae Koe ||	Rare are those who contemplate and meditate on God.	ਜਿਹੜਾ ਕੋਈ ਮਨੁੱਖ ਸਤਸੰਗ ਵਿਚ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਵਿਚਾਰਦਾ ਹੈ,
38623	900	ਨਾਨਕ ਤਾ ਕੀ ਪਰਮਗਤਿ ਹੋਇ॥੪॥੪੩॥੫੪॥		Naanak Thaa Kee Param Gath Hoe ||4||43||54||	O Nanak, they attain the supreme status. ||4||43||54||	ਹੇ ਨਾਨਕ! (ਆਖ-) ਉਸੇ ਦੀ ਹੀ ਸਭ ਤੋਂ ਉੱਚੀ ਆਤਮਕ ਅਵਸਥਾ ਬਣਦੀ ਹੈ ॥੪॥੪੩॥੫੪॥
38624	900	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38625	900	ਜੋ ਤਿਸੁ ਭਾਵੈ ਸੋ ਥੀਆ॥		Jo This Bhaavai So Thheeaa ||	Whatever pleases Him happens.	ਹੇ ਭਾਈ! ਜੋ ਕੁਝ ਪ੍ਰਭੂ ਨੂੰ ਚੰਗਾ ਲੱਗਦਾ ਹੈ ਉਹੀ ਹੋ ਰਿਹਾ ਹੈ।
38626	900	ਸਦਾ ਸਦਾ ਹਰਿ ਕੀ ਸਰਣਾਈ ਪ੍ਰਭ ਬਿਨੁ ਨਾਹੀ ਆਨ ਬੀਆ॥੧॥ਰਹਾਉ॥		Sadhaa Sadhaa Har Kee Saranaaee Prabh Bin Naahee Aan Beeaa ||1|| Rehaao ||	Forever and ever, I seek the Sanctuary of the Lord.There is none other than God. ||1||Pause||	(ਇਸ ਵਾਸਤੇ) ਸਦਾ ਹੀ ਉਸ ਪ੍ਰਭੂ ਦੀ ਸਰਨ ਪਿਆ ਰਹੁ। ਪ੍ਰਭੂ ਤੋਂ ਬਿਨਾ ਕੋਈ ਹੋਰ ਦੂਜਾ (ਕੁਝ ਕਰਨ-ਜੋਗਾ) ਨਹੀਂ ਹੈ ॥੧॥ ਰਹਾਉ ॥

38627	900	ਪੁਤੁ ਕਲਤ੍ਰੁ ਲਖਿਮੀ ਦੀਸੈ ਇਨ ਮਹਿ ਕਿਛੂ ਨ ਸੰਗਿ ਲੀਆ॥	ਕ-ਲੱਤ੍ਰੁ	Puth Kalathra Lakhimee Dheesai Ein Mehi Kishhoo N Sang Leeaa ||	You look upon your children, spouse and wealth; none of these will go along with you.	ਹੇ ਭਾਈ! ਪੁੱਤਰ, ਇਸਤ੍ਰੀ, ਮਾਇਆ-ਇਹ ਜੋ ਕੁਝ ਦਿੱਸ ਰਿਹਾ ਹੈ, ਇਹਨਾਂ ਵਿਚੋਂ ਕੁਝ ਭੀ (ਅੰਤ ਵੇਲੇ ਜੀਵ) ਆਪਣੇ ਨਾਲ ਨਹੀਂ ਲੈ ਜਾਂਦਾ।
38628	900	ਬਿਖੈ ਠਗਉਰੀ ਖਾਇ ਭੁਲਾਨਾ ਮਾਇਆ ਮੰਦਰੁ ਤਿਆਗਿ ਗਇਆ॥੧॥		Bikhai Thagouree Khaae Bhulaanaa Maaeiaa Mandhar Thiaag Gaeiaa ||1||	Eating the poisonous potion, you have gone astray. You will have to go, and leave Maya and your mansions. ||1||	ਵਿਸ਼ੇ-ਵਿਕਾਰਾਂ ਦੀ ਠਗਬੂਟੀ ਖਾ ਕੇ ਜੀਵ ਕੁਰਾਹੇ ਪਿਆ ਰਹਿੰਦਾ ਹੈ, ਆਖ਼ਰ ਇਹ ਮਾਇਆ, ਇਹ ਸੋਹਣਾ ਘਰ (ਸਭ ਕੁਝ) ਛੱਡ ਕੇ ਤੁਰ ਜਾਂਦਾ ਹੈ ॥੧॥
38629	900	ਨਿੰਦਾ ਕਰਿ ਕਰਿ ਬਹੁਤੁ ਵਿਗੂਤਾ ਗਰਭ ਜੋਨਿ ਮਹਿ ਕਿਰਤਿ ਪਇਆ॥		Nindhaa Kar Kar Bahuth Vigoothaa Garabh Jon Mehi Kirath Paeiaa ||	Slandering others, you are totally ruined; because of your past actions, you shall be consigned to the womb of reincarnation.	ਹੇ ਭਾਈ! ਜੀਵ ਦੂਜਿਆਂ ਦੀ ਨਿੰਦਾ ਕਰ ਕਰ ਕੇ ਬਹੁਤ ਖ਼ੁਆਰ ਹੁੰਦਾ ਰਹਿੰਦਾ ਹੈ, ਤੇ ਆਪਣੇ ਇਸ ਕੀਤੇ ਅਨੁਸਾਰ ਜਨਮ ਮਰਨ ਦੇ ਗੇੜ ਵਿਚ ਜਾ ਪੈਂਦਾ ਹੈ।
38630	900	ਪੁਰਬ ਕਮਾਣੇ ਛੋਡਹਿ ਨਾਹੀ ਜਮਦੂਤਿ ਗ੍ਰਾਸਿਓ ਮਹਾ ਭਇਆ॥੨॥		Purab Kamaanae Shhoddehi Naahee Jamadhooth Graasiou Mehaa Bhaeiaa ||2||	Your past actions will not just go away; the most horrible Messenger of Death shall seize you. ||2||	(ਇਹ ਆਮ ਅਸੂਲ ਦੀ ਗੱਲ ਹੈ ਕਿ) ਪੂਰਬਲੇ ਕੀਤੇ ਕਰਮਾਂ ਦੇ ਸੰਸਕਾਰ ਜੀਵ ਨੂੰ ਛੱਡਦੇ ਨਹੀਂ ਹਨ, ਤੇ ਵੱਡਾ ਭਿਆਨਕ ਜਮਦੂਤ ਇਸ ਨੂੰ ਕਾਬੂ ਕਰੀ ਰੱਖਦਾ ਹੈ ॥੨॥

38631	900	ਬੋਲੈ ਝੂਠੁ ਕਮਾਵੈ ਅਵਰਾ ਤ੍ਰਿਸਨ ਨ ਬੂਝੈ ਬਹੁਤੁ ਹਇਆ॥		Bolai Jhooth Kamaavai Avaraa Thrisan N Boojhai Bahuth Haeiaa ||	You tell lies, and do not practice what you preach. Your desires are not satisfied - what a shame.	(ਮਾਇਆ ਦੇ ਮੋਹ ਦੀ ਠਗਬੂਟੀ ਖਾ ਕੇ ਮਾਇਆ ਦੀ ਖ਼ਾਤਰ ਜੀਵ) ਝੂਠ ਬੋਲਦਾ ਹੈ (ਮੂੰਹੋਂ ਆਖਦਾ ਹੋਰ ਹੈ, ਤੇ) ਕਮਾਂਦਾ ਕੁਝ ਹੋਰ ਹੈ, ਇਸ ਦੀ ਮਾਇਆ ਦੀ ਤ੍ਰਿਸ਼ਨਾ ਬੁੱਝਦੀ ਨਹੀਂ, ਮਾਇਆ ਦੀ 'ਹਾਇ ਹਾਇ' ਸਦਾ ਇਸ ਨੂੰ ਲੱਗੀ ਰਹਿੰਦੀ ਹੈ।
38632	900	ਅਸਾਧ ਰੋਗੁ ਉਪਜਿਆ ਸੰਤ ਦੂਖਨਿ ਦੇਹ ਬਿਨਾਸੀ ਮਹਾ ਖਇਆ॥੩॥		Asaadhh Rog Oupajiaa Santh Dhookhan Dhaeh Binaasee Mehaa Khaeiaa ||3||	You have contracted an incurable disease; slandering the Saints, your body is wasting away; you are utterly ruined. ||3||	ਸੰਤ ਜਨਾਂ ਦੀ ਨਿੰਦਾ ਕਰਨ ਦੇ ਕਾਰਨ (ਮਾਇਆ ਦੀ ਤ੍ਰਿਸ਼ਨਾ ਦਾ) ਲਾ-ਇਲਾਜ ਰੋਗ (ਜੀਵ ਦੇ ਅੰਦਰ) ਪੈਦਾ ਹੋ ਜਾਂਦਾ ਹੈ, ਇਸ ਵੱਡੇ ਖਈ ਰੋਗ ਦੇ ਵਿਚ ਹੀ ਇਸ ਦਾ ਸਰੀਰ ਨਾਸ ਹੋ ਜਾਂਦਾ ਹੈ ॥੩॥
38633	900	ਜਿਨਹਿ ਨਿਵਾਜੇ ਤਿਨ ਹੀ ਸਾਜੇ ਆਪੇ ਕੀਨੇ ਸੰਤ ਜਇਆ॥		Jinehi Nivaajae Thin Hee Saajae Aapae Keenae Santh Jaeiaa ||	He embellishes those whom He has fashioned. He Himself gave life to the Saints.	(ਪਰ, ਹੇ ਭਾਈ! ਸੰਤ ਜਨਾਂ ਦੀ ਨਿੰਦਾ ਤੋਂ ਜੀਵ ਨੂੰ ਹਾਸਲ ਕੁਝ ਨਹੀਂ ਹੁੰਦਾ) ਪ੍ਰਭੂ ਨੇ ਆਪ ਹੀ ਸੰਤ ਜਨਾਂ ਨੂੰ ਜਿੱਤ ਦਾ ਮਾਲਕ ਬਣਾਇਆ ਹੁੰਦਾ ਹੈ, ਉਹਨਾਂ ਨੂੰ ਉਸੇ ਪ੍ਰਭੂ ਨੇ ਪੈਦਾ ਕੀਤਾ ਹੋਇਆ ਹੈ ਜਿਸ ਨੇ ਉਹਨਾਂ ਨੂੰ ਆਦਰ-ਸਤਕਾਰ ਦਿੱਤਾ ਹੋਇਆ ਹੈ।

38634	900	ਨਾਨਕ ਦਾਸ ਕੰਠਿ ਲਾਇ ਰਾਖੇ ਕਰਿ ਕਿਰਪਾ ਪਾਰਬ੍ਰਹਮ ਮਇਆ॥੪॥੪੪॥੫੫॥		Naanak Dhaas Kanth Laae Raakhae Kar Kirapaa Paarabreham Maeiaa ||4||44||55||	O Nanak, He hugs His slaves close in His Embrace. Please grant Your Grace, O Supreme Lord God, and be kind to me as well. ||4||44||55||	ਹੇ ਨਾਨਕ! ਪਰਮਾਤਮਾ ਮਿਹਰ ਕਰ ਕੇ ਦਇਆ ਕਰ ਕੇ ਆਪਣੇ ਦਾਸਾਂ ਨੂੰ ਆਪ ਹੀ ਆਪਣੇ ਗਲ ਨਾਲ ਲਾਈ ਰੱਖਦਾ ਹੈ ॥੪॥੪੪॥੫੫॥
38635	900	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38636	900	ਐਸਾ ਪੂਰਾ ਗੁਰਦੇਉ ਸਹਾਈ॥		Aisaa Pooraa Guradhaeo Sehaaee ||	Such is the Perfect Divine Guru, my help and support.	ਹੇ ਭਾਈ! ਪੂਰਾ ਗੁਰੂ ਇਹੋ ਜਿਹਾ ਮਦਦਗਾਰ ਹੈ,
38637	900	ਜਾ ਕਾ ਸਿਮਰਨੁ ਬਿਰਥਾ ਨ ਜਾਈ॥੧॥ਰਹਾਉ॥		Jaa Kaa Simaran Birathhaa N Jaaee ||1|| Rehaao ||	Meditation on Him is not wasted. ||1||Pause||	ਕਿ ਉਸ ਦਾ ਦਿੱਤਾ ਹੋਇਆ ਹਰਿ-ਸਿਮਰਨ ਦਾ ਉਪਦੇਸ਼ ਵਿਅਰਥ ਨਹੀਂ ਜਾਂਦਾ ॥੧॥ ਰਹਾਉ ॥
38638	900	ਦਰਸਨੁ ਪੇਖਤ ਹੋਇ ਨਿਹਾਲੁ॥		Dharasan Paekhath Hoe Nihaal ||	Gazing upon the Blessed Vision of His Darshan, I am enraptured.	(ਹੇ ਭਾਈ! ਗੁਰੂ ਦਾ) ਦਰਸ਼ਨ ਕਰਦਿਆਂ (ਮਨੁੱਖ ਤਨੋ ਮਨੋ) ਖਿੜ ਜਾਂਦਾ ਹੈ,
38639	900	ਜਾ ਕੀ ਧੂਰਿ ਕਾਟੈ ਜਮ ਜਾਲੁ॥		Jaa Kee Dhoor Kaattai Jam Jaal ||	The dust of His feet snaps the noose of Death.	ਉਸ ਗੁਰੂ ਦੀ ਚਰਨ-ਧੂੜ ਜਮ ਦੀ ਫਾਹੀ ਕੱਟ ਦੇਂਦੀ ਹੈ।

38640	900	ਚਰਨਕਮਲ ਬਸੇ ਮੇਰੇ ਮਨ ਕੇ॥		Charan Kamal Basae Maerae Man Kae ||	His lotus feet dwell within my mind,	ਹੇ ਭਾਈ! ਪਿਆਰੇ ਗੁਰੂ ਦੇ ਸੋਹਣੇ ਚਰਨ (ਜਿਸ ਮਨੁੱਖ ਦੇ ਹਿਰਦੇ ਵਿਚ) ਆ ਵੱਸਦੇ ਹਨ,
38641	900	ਕਾਰਜ ਸਵਾਰੇ ਸਗਲੇ ਤਨ ਕੇ ॥੧॥		Kaaraj Savaarae Sagalae Than Kae ||1||	And so all the affairs of my body are arranged and resolved. ||1||	(ਉਸ ਦੇ) ਮਨ ਦੇ (ਉਸ ਦੇ) ਸਰੀਰ ਦੇ ਸਾਰੇ ਕੰਮ (ਗੁਰੂ) ਸੰਵਾਰ ਦੇਂਦਾ ਹੈ ॥੧॥
38642	900	ਜਾ ਕੈ ਮਸਤਕਿ ਰਾਖੈ ਹਾਥੁ॥		Jaa Kai Masathak Raakhai Haathh ||	One upon whom He places His Hand, is protected.	ਹੇ ਭਾਈ! ਜਿਸ ਮਨੁੱਖ ਦੇ ਮੱਥੇ ਉਤੇ (ਗੁਰੂ ਆਪਣਾ) ਹੱਥ ਰੱਖਦਾ ਹੈ,
38643	900	ਪ੍ਰਭੁ ਮੇਰੋ ਅਨਾਥ ਕੋ ਨਾਥੁ॥		Prabh Maero Anaathh Ko Naathh ||	My God is the Master of the masterless.	ਉਸ ਨੂੰ ਮੇਰਾ ਉਹ ਪ੍ਰਭੂ (ਮਿਲ ਪੈਂਦਾ ਹੈ) ਜੋ ਨਿਆਸਰਿਆਂ ਦਾ ਆਸਰਾ ਹੈ।
38644	900	ਪਤਿਤ ਉਧਾਰਣੁ ਕ੍ਰਿਪਾਨਿਧਾਨੁ॥		Pathith Oudhhaaran Kirapaa Nidhhaan ||	He is the Savior of sinners, the treasure of mercy.	ਹੇ ਭਾਈ! ਗੁਰੂ ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਵਿਕਾਰਾਂ ਤੋਂ ਬਚਾਣ ਵਾਲਾ ਹੈ, ਗੁਰੂ ਕਿਰਪਾ ਦਾ ਖ਼ਜ਼ਾਨਾ ਹੈ।
38645	900	ਸਦਾ ਸਦਾ ਜਾਈਐ ਕੁਰਬਾਨੁ॥੨॥		Sadhaa Sadhaa Jaaeeai Kurabaan ||2||	Forever and ever, I am a sacrifice to Him. ||2||	ਹੇ ਭਾਈ! ਗੁਰੂ ਤੋਂ ਸਦਾ ਹੀ ਸਦਕੇ ਜਾਣਾ ਚਾਹੀਦਾ ਹੈ ॥੨॥
38646	900	ਨਿਰਮਲ ਮੰਤੁ ਦੇਇ ਜਿਸੁ ਦਾਨੁ॥		Niramal Manth Dhaee Jis Dhaan ||	One whom He blesses with His Immaculate Mantra,	ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਆਪਣਾ ਪਵਿੱਤਰ ਉਪਦੇਸ਼ ਬਖ਼ਸ਼ਦਾ ਹੈ,
38647	900	ਤਜਹਿ ਬਿਕਾਰ ਬਿਨਸੈ ਅਭਿਮਾਨੁ॥		Thajehi Bikaar Binasai Abhimaan ||	Renounces corruption; his egotistical pride is dispelled.	ਸਾਰੇ ਵਿਕਾਰ ਉਸ ਨੂੰ ਛੱਡ ਜਾਂਦੇ ਹਨ ਉਸ ਦਾ ਅਹੰਕਾਰ ਦੂਰ ਹੋ ਜਾਂਦਾ ਹੈ।

38648	900	ਏਕੁ ਧਿਆਈਐ ਸਾਧ ਕੈ ਸੰਗਿ॥		Eaek Dhhiaaeeai Saadhh Kai Sang ||	Meditate on the One Lord in the Saadh Sangat, the Company of the Holy.	ਹੇ ਭਾਈ! ਗੁਰੂ ਦੀ ਸੰਗਤਿ ਵਿਚ ਰਹਿ ਕੇ ਇੱਕ ਪਰਮਾਤਮਾ ਦਾ ਧਿਆਨ ਧਰਨਾ ਚਾਹੀਦਾ ਹੈ।
38649	900	ਪਾਪ ਬਿਨਾਸੇ ਨਾਮ ਕੈ ਰੰਗਿ॥੩॥		Paap Binaasae Naam Kai Rang ||3||	Sins are erased, through the love of the Naam, the Name of the Lord. ||3||	(ਗੁਰੂ ਦੀ ਰਾਹੀਂ) ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰਿਹਾਂ ਸਾਰੇ ਪਾਪਾਂ ਦਾ ਨਾਸ ਹੋ ਜਾਂਦਾ ਹੈ ॥੩॥
38650	900	ਗੁਰ ਪਰਮੇਸੁਰ ਸਗਲ ਨਿਵਾਸ॥		Gur Paramaesur Sagal Nivaas ||	The Guru, the Transcendent Lord, dwells among all.	ਹੇ ਭਾਈ! ਗੁਰੂ-ਪਰਮਾਤਮਾ ਸਭ ਜੀਵਾਂ ਵਿਚ ਵੱਸਦਾ ਹੈ,
38651	900	ਘਟਿ ਘਟਿ ਰਵਿ ਰਹਿਆ ਗੁਣਤਾਸ॥		Ghatt Ghatt Rav Rehiaa Gunathaas ||	The treasure of virtue pervades and permeates each and every heart.	ਸਾਰੇ ਗੁਣਾਂ ਦਾ ਖ਼ਜ਼ਾਨਾ ਹਰੇਕ ਹਿਰਦੇ ਵਿਚ ਮੌਜੂਦ ਹੈ।
38652	900	ਦਰਸੁ ਦੇਹਿ ਧਾਰਉ ਪ੍ਰਭ ਆਸ॥		Dharas Dhaehi Dhhaaro Prabh Aas ||	Please grant me the Blessed Vision of Your Darshan;	ਹੇ ਪ੍ਰਭੂ! ਮੈਨੂੰ ਆਪਣਾ ਦਰਸ਼ਨ ਦੇਹ, ਮੈਂ ਤੇਰੇ ਦਰਸ਼ਨ ਦੀ ਆਸ ਰੱਖੀ ਬੈਠਾ ਹਾਂ।
38653	900	ਨਿਤ ਨਾਨਕੁ ਚਿਤਵੈ ਸਚੁ ਅਰਦਾਸਿ॥੪॥੪੫॥ ੫੬॥		Nith Naanak Chithavai Sach Aradhaas ||4||45||56||	O God, I place my hopes in You. Nanak continually offers this true prayer. ||4||45||56||	ਮੇਰੀ ਇਹੀ ਅਰਦਾਸ ਹੈ ਕਿ (ਤੇਰਾ ਸੇਵਕ) ਨਾਨਕ ਸਦਾ-ਥਿਰ ਪ੍ਰਭੂ ਨੂੰ ਯਾਦ ਕਰਦਾ ਰਹੇ ॥੪॥੪੫॥੫੬॥

38654	901	ਰਾਗੁ ਰਾਮਕਲੀ ਮਹਲਾ ੫ ਘਰੁ ੨ ਦੁਪਦੇ		Raag Raamakalee Mehalaa 5 Ghar 2 Dhupadhae	Raag Raamkalee, Fifth Mehl, Second House, Du-Padas:	ਰਾਗ ਰਾਮਕਲੀ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
38655	901	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
38656	901	ਗਾਵਹੁ ਰਾਮ ਕੇ ਗੁਣ ਗੀਤ॥		Gaavahu Raam Kae Gun Geeth ||	Sing the songs of Praise of the Lord.	ਹੇ ਮੇਰੇ ਮਿੱਤਰ! ਪਰਮਾਤਮਾ ਦੇ ਗੁਣਾਂ ਦੇ ਗੀਤ (ਸਦਾ) ਗਾਂਦਾ ਰਹੁ।
38657	901	ਨਾਮੁ ਜਪਤ ਪਰਮ ਸੁਖੁ ਪਾਈਐ ਆਵਾ ਗਉਣੁ ਮਿਟੈ ਮੇਰੇ ਮੀਤ॥੧॥ਰਹਾਉ॥		Naam Japath Param Sukh Paaeeai Aavaa Goun Mittai Maerae Meeth ||1|| Rehaao ||	Chanting the Naam, the Name of the Lord, total peace is obtained; coming and going is ended, my friend. ||1||Pause||	ਪਰਮਾਤਮਾ ਦਾ ਨਾਮ ਜਪਦਿਆਂ ਸਭ ਤੋਂ ਸ੍ਰੇਸ਼ਟ ਸੁਖ ਹਾਸਲ ਕਰ ਲਈਦਾ ਹੈ ਅਤੇ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ ॥੧॥ ਰਹਾਉ ॥
38658	901	ਗੁਣ ਗਾਵਤ ਹੋਵਤ ਪਰਗਾਸੁ॥		Gun Gaavath Hovath Paragaas ||	Singing the Glorious Praises of the Lord, one is enlightened,	ਹੇ ਮਿੱਤਰ! ਪਰਮਾਤਮਾ ਦੇ ਗੁਣ ਗਾਂਦਿਆਂ (ਮਨ ਵਿਚ ਸਹੀ ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ,
38659	901	ਚਰਨਕਮਲ ਮਹਿ ਹੋਇ ਨਿਵਾਸੁ॥੧॥		Charan Kamal Mehi Hoe Nivaas ||1||	And comes to dwell in His lotus feet. ||1||	ਅਤੇ ਪਰਮਾਤਮਾ ਦੇ ਸੋਹਣੇ ਚਰਨਾਂ ਵਿਚ ਮਨ ਟਿਕਿਆ ਰਹਿੰਦਾ ਹੈ ॥੧॥
38660	901	ਸੰਤਸੰਗਤਿ ਮਹਿ ਹੋਇ ਉਧਾਰੁ॥		Santhasangath Mehi Hoe Oudhhaar ||	In the Society of the Saints, one is saved.	ਗੁਰੂ ਦੀ ਸੰਗਤ ਵਿਚ ਰਿਹਾਂ ਤੇਰਾ ਪਾਰ-ਉਤਾਰਾ ਹੋ ਜਾਇਗਾ,

38661	901	ਨਾਨਕ ਭਵਜਲੁ ਉਤਰਸਿ ਪਾਰਿ॥੨॥੧॥੫੭॥	ਉਤਰ-ਸਿ	Naanak Bhavajal Outharas Paar ||2||1||57||	O Nanak, he crosses over the terrifying world-ocean. ||2||1||57||	ਤੇ ਹੇ ਨਾਨਕ! ਤੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਹਿਂਗਾ ॥੨॥੧॥੫੭॥
38662	901	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38663	901	ਗੁਰੁ ਪੂਰਾ ਮੇਰਾ ਗੁਰੁ ਪੂਰਾ॥		Gur Pooraa Maeraa Gur Pooraa ||	My Guru is perfect, my Guru is perfect.	ਮੇਰਾ ਗੁਰੂ ਸਭ ਗੁਣਾਂ ਦਾ ਮਾਲਕ ਹੈ, ਮੇਰਾ ਗੁਰੂ ਪੂਰੀ ਸਮਰਥਾ ਵਾਲਾ ਹੈ।
38664	901	ਰਾਮ ਨਾਮੁ ਜਪਿ ਸਦਾ ਸੁਹੇਲੇ ਸਗਲ ਬਿਨਾਸੇ ਰੋਗ ਕੂਰਾ॥੧॥ਰਹਾਉ॥		Raam Naam Jap Sadhaa Suhaelae Sagal Binaasae Rog Kooraa ||1|| Rehaao ||	Chanting the Lord's Name, I am always at peace; all my illness and fraud is dispelled. ||1||Pause||	(ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਜਪ ਕੇ ਮਨੁੱਖ ਸਦਾ ਸੁਖੀ ਰਹਿੰਦੇ ਹਨ, ਮਾਇਆ ਦੇ ਮੋਹ ਤੋਂ ਪੈਦਾ ਹੋਣ ਵਾਲੇ ਉਹਨਾਂ ਦੇ ਸਾਰੇ ਰੋਗ ਦੂਰ ਹੋ ਜਾਂਦੇ ਹਨ ॥੧॥ ਰਹਾਉ ॥
38665	901	ਏਕੁ ਅਰਾਧਹੁ ਸਾਚਾ ਸੋਇ॥		Eaek Araadhhahu Saachaa Soe ||	Worship and adore that One Lord alone.	(ਗੁਰੂ ਦੇ ਦਰ ਤੇ ਆ ਕੇ) ਸਦਾ ਕਾਇਮ ਰਹਿਣ ਵਾਲੇ ਉਸ ਇੱਕ ਪਰਮਾਤਮਾ ਦਾ ਆਰਾਧਨ ਕਰਿਆ ਕਰੋ,
38666	901	ਜਾ ਕੀ ਸਰਨਿ ਸਦਾ ਸੁਖੁ ਹੋਇ॥੧॥		Jaa Kee Saran Sadhaa Sukh Hoe ||1||	In His Sanctuary, eternal peace is obtained. ||1||	ਜਿਸ ਦੀ ਸਰਨ ਪਿਆਂ ਸਦਾ ਆਤਮਕ ਆਨੰਦ ਮਿਲਦਾ ਹੈ ॥੧॥

38667	901	ਨੀਦ ਸੁਹੇਲੀ ਨਾਮ ਕੀ ਲਾਗੀ ਭੂਖ॥		Needh Suhaelee Naam Kee Laagee Bhookh ||	One who feels hunger for the Naam sleeps in peace.	(ਗੁਰੂ ਦੀ ਸਰਨ ਪਿਆਂ) ਪਰਮਾਤਮਾ ਦੇ ਨਾਮ ਦੀ ਲਗਨ ਪੈਦਾ ਹੋ ਜਾਂਦੀ ਹੈ, ਤੇ, ਨਾਮ ਵਿਚ ਲੀਨਤਾ ਮਨੁੱਖ ਵਾਸਤੇ ਸੁਖਦਾਈ ਹੋ ਜਾਂਦੀ ਹੈ।
38668	901	ਹਰਿ ਸਿਮਰਤ ਬਿਨਸੇ ਸਭ ਦੂਖ॥੨॥		Har Simarath Binasae Sabh Dhookh ||2||	Meditating in remembrance on the Lord, all pains are dispelled. ||2||	ਪਰਮਾਤਮਾ ਦਾ ਨਾਮ ਸਿਮਰਦਿਆਂ ਸਾਰੇ ਦੁੱਖਾਂ ਦਾ ਨਾਸ ਹੋ ਜਾਂਦਾ ਹੈ ॥੨॥
38669	901	ਸਹਜਿ ਅਨੰਦ ਕਰਹੁ ਮੇਰੇ ਭਾਈ॥		Sehaj Anandh Karahu Maerae Bhaaee ||	Enjoy celestial bliss, O my Siblings of Destiny.	ਹੇ ਮੇਰੇ ਭਾਈ! ਆਤਮਕ ਅਡੋਲਤਾ ਵਿਚ ਟਿਕ ਕੇ ਆਤਮਕ ਖ਼ੁਸ਼ੀਆਂ ਪ੍ਰਾਪਤ ਕਰੋ।
38670	901	ਗੁਰਿ ਪੂਰੈ ਸਭ ਚਿੰਤ ਮਿਟਾਈ॥੩॥		Gur Poorai Sabh Chinth Mittaaee ||3||	The Perfect Guru has eradicated all anxiety. ||3||	(ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ) ਪੂਰਾ ਗੁਰੂ ਉਸ ਦੀ ਸਾਰੀ ਚਿੰਤਾ ਮਿਟਾ ਦੇਂਦਾ ਹੈ ॥੩॥
38671	901	ਆਠ ਪਹਰ ਪ੍ਰਭ ਕਾ ਜਪੁ ਜਾਪਿ॥		Aath Pehar Prabh Kaa Jap Jaap ||	Twenty-four hours a day, chant God's Chant.	(ਗੁਰੂ ਦੀ ਸਰਨ ਪੈ ਕੇ) ਅੱਠੇ ਪਹਿਰ ਪ੍ਰਭੂ ਦੇ ਨਾਮ ਦਾ ਜਾਪ ਕਰਿਆ ਕਰ।
38672	901	ਨਾਨਕ ਰਾਖਾ ਹੋਆ ਆਪਿ॥੪॥੨॥੫੮॥		Naanak Raakhaa Hoaa Aap ||4||2||58||	O Nanak, He Himself shall save you. ||4||2||58||	ਹੇ ਨਾਨਕ! (ਜਿਹੜਾ ਮਨੁੱਖ ਪ੍ਰਭੂ ਦਾ ਨਾਮ ਜਪਦਾ ਹੈ ਪ੍ਰਭੂ) ਆਪ ਉਸ ਦਾ ਰਖਵਾਲਾ ਬਣਦਾ ਹੈ ॥੪॥੨॥੫੮॥

38673	901	ਰਾਗੁ ਰਾਮਕਲੀ ਮਹਲਾ ੫ ਪੜਤਾਲ ਘਰੁ ੩		Raag Raamakalee Mehalaa 5 Parrathaal Ghar 3	Raag Raamkalee, Fifth Mehl, Partaal, Third House:	ਰਾਗ ਰਾਮਕਲੀ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਪੜਤਾਲ'।
38674	901	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
38675	901	ਨਰ ਨਰਹ ਨਮਸਕਾਰੰ॥	(ਨਰ)ਦਲੇਰ,ਬਹਾਦਰ, ਹਿੰਮਤੀ, ਪਤੀ। (ਨਰ)ਹਬ੍ਰਹਮ ਜੀ	Naranareh Namasakaaran ||	I humbly bow to the Lord, the Supreme Being.	ਸਦਾ ਪਰਮਾਤਮਾ ਨੂੰ ਨਮਸਕਾਰ ਕਰਦੇ ਰਹੋ।
38676	901	ਜਲਨ ਥਲਨ ਬਸੁਧ ਗਗਨ ਏਕ ਏਕੰਕਾਰੰ॥੧॥ਰਹਾਉ ॥	ਬਸੁ-ਧ:ਪੋਲਾ ਬੋਲੋ	Jalan Thhalan Basudhh Gagan Eaek Eaekankaaran ||1|| Rehaao ||	The One, the One and Only Creator Lord permeates the water, the land, the earth and the sky. ||1||Pause||	ਉਹ ਇੱਕ ਸਰਬ-ਵਿਆਪਕ ਪਰਮਾਤਮਾ ਜਲਾਂ ਵਿਚ ਮੌਜੂਦ ਹੈ, ਥਲਾਂ ਵਿਚ ਹੈ, ਧਰਤੀ ਵਿਚ ਹੈ, ਤੇ ਆਕਾਸ਼ ਵਿਚ ਹੈ ॥੧॥ ਰਹਾਉ ॥
38677	901	ਹਰਨ ਧਰਨ ਪੁਨ ਪੁਨਹ ਕਰਨ॥		Haran Dhharan Pun Puneh Karan ||	Over and over again, the Creator Lord destroys, sustains and creates.	ਪਰਮਾਤਮਾ ਸਭ ਦਾ ਨਾਸ ਕਰਨ ਵਾਲਾ ਹੈ, ਉਹੀ ਸਭ ਦਾ ਪਾਲਣ ਵਾਲਾ ਹੈ, ਉਹੀ ਜੀਵਾਂ ਨੂੰ ਮੁੜ ਮੁੜ ਪੈਦਾ ਕਰਨ ਵਾਲਾ ਹੈ।
38678	901	ਨਹ ਗਿਰਹ ਨਿਰੰਹਾਰੰ॥੧॥		Neh Gireh Niranhaaran ||1||	He has no home; He needs no nourishment. ||1||	ਉਸ ਦਾ ਕੋਈ ਖ਼ਾਸ ਘਰ ਨਹੀਂ, ਉਸ ਨੂੰ ਕਿਸੇ ਖ਼ੁਰਾਕ ਦੀ ਲੋੜ ਨਹੀਂ ॥੧॥

38679	901	ਗੰਭੀਰ ਧੀਰ ਨਾਮ ਹੀਰ ਊਚ ਮੂਚ ਅਪਾਰੰ॥		Ganbheer Dhheer Naam Heer Ooch Mooch Apaaran ||	The Naam, the Name of the Lord, is deep and profound, strong, poised, lofty, exalted and infinite.	ਪਰਮਾਤਮਾ (ਮਾਨੋ) ਡੂੰਘਾ (ਸਮੁੰਦਰ) ਹੈ, ਵੱਡੇ ਜਿਗਰੇ ਵਾਲਾ ਹੈ, ਉਸ ਦਾ ਨਾਮ ਬਹੁ-ਮੁੱਲਾ ਹੈ। ਉਹ ਪਰਮਾਤਮਾ ਸਭ ਤੋਂ ਉੱਚਾ ਹੈ, ਸਭ ਤੋਂ ਵੱਡਾ ਹੈ, ਬੇਅੰਤ ਹੈ।
38680	901	ਕਰਨ ਕੇਲ ਗੁਣ ਅਮੋਲ ਨਾਨਕ ਬਲਿਹਾਰੰ॥੨॥੧॥੫੯॥		Karan Kael Gun Amol Naanak Balihaaran ||2||1||59||	He stages His plays; His Virtues are priceless. Nanak is a sacrifice to Him. ||2||1||59||	ਉਹ ਸਭ ਕੌਤਕ ਕਰਨ ਵਾਲਾ ਹੈ, ਅਮੁੱਲ ਗੁਣਾਂ ਦਾ ਮਾਲਕ ਹੈ। ਹੇ ਨਾਨਕ! ਉਸ ਤੋਂ ਕੁਰਬਾਨ ਜਾਣਾ ਚਾਹੀਦਾ ਹੈ ॥੨॥੧॥੫੯॥
38681	901	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
38682	901	ਰੂਪ ਰੰਗ ਸੁਗੰਧ ਭੋਗ ਤਿਆਗਿ ਚਲੇ ਮਾਇਆ ਛਲੇ ਕਨਿਕ ਕਾਮਿਨੀ॥੧॥ਰਹਾਉ ॥	ਛਲੇ:ਪੋਲਾ ਬੋਲੋ।ਚੱਲੇ	Roop Rang Sugandhh Bhog Thiaag Chalae Maaeiaa Shhalae Kanik Kaaminee ||1|| Rehaao ||	You must abandon your beauty, pleasures, fragrances and enjoyments; beguiled by gold and sexual desire, you must still leave Maya behind. ||1||Pause||	ਸੋਨਾ, ਇਸਤ੍ਰੀ ਆਦਿਕ ਮਾਇਆ ਦੇ ਠੱਗੇ ਹੋਏ ਜੀਵ (ਆਖ਼ਰ ਦੁਨੀਆ ਦੇ ਸਾਰੇ) ਸੋਹਣੇ ਰੂਪ ਰੰਗ ਸੁਗੰਧੀਆਂ ਤੇ ਭੋਗ-ਪਦਾਰਥ ਛੱਡ ਕੇ (ਇਥੋਂ) ਤੁਰ ਪੈਂਦੇ ਹਨ ॥੧॥ ਰਹਾਉ ॥

38683	901	ਭੰਡਾਰ ਦਰਬ ਅਰਬ ਖਰਬ ਪੇਖਿ ਲੀਲਾ ਮਨੁ ਸਧਾਰੈ॥		Bhanddaar Dharab Arab Kharab Paekh Leelaa Man Sadhhaarai ||	You gaze upon billions and trillions of treasures and riches, which delight and comfort your mind,	ਬੇਅੰਤ ਧਨ ਦੇ ਖ਼ਜ਼ਾਨਿਆਂ ਦੀ ਮੌਜ ਵੇਖ ਵੇਖ ਕੇ (ਮਨੁੱਖ ਦਾ) ਮਨ (ਆਪਣੇ ਅੰਦਰ) ਢਾਰਸ ਬਣਾਂਦਾ ਰਹਿੰਦਾ ਹੈ,
38684	901	ਨਹ ਸੰਗਿ ਗਾਮਨੀ॥੧॥		Neh Sang Gaamanee ||1||	But these will not go along with you. ||1||	(ਪਰ ਇਹਨਾਂ ਵਿਚੋਂ ਕੋਈ ਚੀਜ਼ ਇਸ ਦੇ) ਨਾਲ ਨਹੀਂ ਜਾਂਦੀ ॥੧॥
38685	901	ਸੁਤ ਕਲਤ੍ਰ ਭ੍ਰਾਤ ਮੀਤ ਉਰਝਿ ਪਰਿਓ ਭਰਮਿ ਮੋਹਿਓ ਇਹ ਬਿਰਖ ਛਾਮਨੀ॥	ਕ-ਲੱਤ੍ਰ	Suth Kalathr Bhraath Meeth Ourajh Pariou Bharam Mohiou Eih Birakh Shhaamanee ||	Entangled with children, spouse, siblings and friends, you are enticed and fooled; these pass like the shadow of a tree.	ਪੁੱਤਰ, ਇਸਤ੍ਰੀ, ਭਰਾ, ਮਿੱਤਰ (ਆਦਿਕ ਦੇ ਮੋਹ) ਵਿਚ ਜੀਵ ਫਸਿਆ ਰਹਿੰਦਾ ਹੈ, ਭੁਲੇਖੇ ਦੇ ਕਾਰਨ ਮੋਹ ਵਿਚ ਠੱਗਿਆ ਜਾਂਦਾ ਹੈ-ਪਰ ਇਹ ਸਭ ਕੁਝ ਰੁੱਖ ਦੀ ਛਾਂ (ਵਾਂਗ) ਹੈ।
38686	901	ਚਰਨਕਮਲ ਸਰਨ ਨਾਨਕ ਸੁਖੁ ਸੰਤ ਭਾਵਨੀ॥੨॥੨॥੬੦॥		Charan Kamal Saran Naanak Sukh Santh Bhaavanee ||2||2||60||	Nanak seeks the Sanctuary of His lotus feet; He has found peace in the faith of the Saints. ||2||2||60||	(ਇਸ ਵਾਸਤੇ) ਹੇ ਨਾਨਕ! ਪਰਮਾਤਮਾ ਦੇ ਸੋਹਣੇ ਚਰਨਾਂ ਦੀ ਸਰਨ ਦਾ ਸੁਖ ਹੀ ਸੰਤ ਜਨਾਂ ਨੂੰ ਚੰਗਾ ਲੱਗਦਾ ਹੈ ॥੨॥੨॥੬੦॥
38687	901	੧ੴ ਸਤਿਗੁਰ ਪ੍ਰਸਾਦਿ॥	ਤਿ-ਪਦੇ	Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

38688	901	ਰਾਗੁ ਰਾਮਕਲੀ ਮਹਲਾ ੯ ਤਿਪਦੇ॥		Raag Raamakalee Mehalaa 9 Thipadhae ||	Raag Raamkalee, Ninth Mehl, Ti-Padas:	ਰਾਗ ਰਾਮਕਲੀ ਵਿੱਚ ਗੁਰੂ ਤੇਗਬਹਾਦਰ ਜੀ ਦੀ ਤਿਨ-ਬੰਦਾਂ ਵਾਲੀ ਬਾਣੀ।
38689	901	ਰੇ ਮਨ ਓਟਿ ਲੇਹੁ ਹਰਿ ਨਾਮਾ॥	ਪਦ:ਪੌਲਾ ਬੋਲੋ	Rae Man Outt Laehu Har Naamaa ||	O mind,take the sheltering support of the Lord's Name.	ਹੇ (ਮੇਰੇ) ਮਨ! ਪਰਮਾਤਮਾ ਦੇ ਨਾਮ ਦਾ ਆਸਰਾ ਲਿਆ ਕਰ,
38690	901	ਜਾ ਕੈ ਸਿਮਰਨਿ ਦੁਰਮਤਿ ਨਾਸੈ ਪਾਵਹਿ ਪਦੁ ਨਿਰਬਾਨਾ॥੧॥ਰਹਾਉ॥		Jaa Kai Simaran Dhuramath Naasai Paavehi Padh Nirabaanaa ||1|| Rehaao ||	Remembering Him in meditation, evil-mindedness is dispelled, and the state of Nirvaanaa is obtained. ||1||Pause||	ਜਿਸ ਨਾਮ ਦੇ ਸਿਮਰਨ ਨਾਲ ਖੋਟੀ ਮੱਤ ਨਾਸ ਹੋ ਜਾਂਦੀ ਹੈ, (ਨਾਮ ਦੀ ਬਰਕਤਿ ਨਾਲ) ਤੂੰ ਉਹ ਆਤਮਕ ਦਰਜਾ ਹਾਸਲ ਕਰ ਲਏਂਗਾ ਜਿੱਥੇ ਕੋਈ ਵਾਸਨਾ ਪੋਹ ਨਹੀਂ ਸਕਦੀ ॥੧॥ ਰਹਾਉ ॥
38691	901	ਬਡਭਾਗੀ ਤਿਹਿ ਜਨ ਕਉ ਜਾਨਉ ਜੋ ਹਰਿ ਕੇ ਗੁਨ ਗਾਵੈ॥		Baddabhaagee Thih Jan Ko Jaanahu Jo Har Kae Gun Gaavai ||	Know that one who sings the Glorious Praises of the Lord is very fortunate.	ਹੇ (ਮੇਰੇ) ਮਨ! ਜਿਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ ਉਸ ਨੂੰ ਵੱਡੇ ਭਾਗਾਂ ਵਾਲਾ ਸਮਝ।
38692	901	ਜਨਮ ਜਨਮ ਕੇ ਪਾਪ ਖੋਇ ਕੈ ਫੁਨਿ ਬੈਕੁੰਠਿ ਸਿਧਾਵੈ॥੧॥		Janam Janam Kae Paap Khoe Kai Fun Baikunth Sidhhaavai ||1||	The sins of countless incarnations are washed off, and he attains the heavenly realm. ||1||	ਉਹ ਮਨੁੱਖ ਅਨੇਕਾਂ ਜਨਮਾਂ ਦੇ ਪਾਪ ਦੂਰ ਕਰ ਕੇ ਫਿਰ ਬੈਕੁੰਠ ਵਿਚ ਜਾ ਪਹੁੰਚਦਾ ਹੈ ॥੧॥

38693	902	ਅਜਾਮਲੁ ਕਉ ਅੰਤ ਕਾਲ ਮੈ ਨਾਰਾਇਨ ਸੁਧਿ ਆਈ॥	ਅਜਾਮੱਲ	Ajaamal Ko Anth Kaal Mehi Naaraaein Sudhh Aaee ||	At the very last moment, Ajaamal became aware of the Lord;	(ਹੇ ਮੇਰੇ ਮਨ! ਵੇਖ, ਪੁਰਾਣੀ ਪ੍ਰਸਿੱਧ ਕਥਾ ਹੈ ਕਿ) ਅਖ਼ੀਰਲੇ ਵੇਲੇ (ਪਾਪੀ) ਅਜਾਮਲ ਨੂੰ ਪਰਮਾਤਮਾ ਦੇ ਨਾਮ ਦੀ ਸੂਝ ਆ ਗਈ,
38694	902	ਜਾਂ ਗਤਿ ਕਉ ਜੋਗੀਸੁਰ ਬਾਛਤ ਸੋ ਗਤਿ ਛਿਨ ਮਹਿ ਪਾਈ॥੨॥		Jaan Gath Ko Jogeesur Baashhath So Gath Shhin Mehi Paaee ||2||	That state which even the supreme Yogis desire - he attained that state in an instant. ||2||	ਉਸ ਨੇ ਉਹ ਉੱਚੀ ਆਤਮਕ ਅਵਸਥਾ ਇਕ ਪਲਕ ਵਿਚ ਹਾਸਲ ਕਰ ਲਈ, ਜਿਸ ਆਤਮਕ ਅਵਸਥਾ ਨੂੰ ਵੱਡੇ ਵੱਡੇ ਜੋਗੀ ਤਾਂਘਦੇ ਰਹਿੰਦੇ ਹਨ ॥੨॥
38695	902	ਨਾਹਨ ਗੁਨੁ ਨਾਹਿਨ ਕਛੁ ਬਿਦਿਆ ਧਰਮੁ ਕਉਨੁ ਗਜਿ ਕੀਨਾ॥	ਬਿੱਦਿਆ, ਗਜਿ:ਪੋਲਾ ਬੋਲੋ	Naahin Gun Naahin Kashh Bidhiaa Dhharam Koun Gaj Keenaa ||	The elephant had no virtue and no knowledge; what religious rituals has he performed?	ਹੇ ਮੇਰੇ ਮਨ! ਗਜ ਦੀ ਕਥਾ ਭੀ ਸੁਣ। ਗਜ ਵਿਚ) ਨਾਹ ਕੋਈ ਗੁਣ ਸੀ, ਨਾਹ ਹੀ ਉਸ ਨੂੰ ਕੋਈ ਵਿੱਦਿਆ ਪ੍ਰਾਪਤ ਸੀ। (ਉਸ ਵਿਚਾਰੇ) ਗਜ ਨੇ ਕਿਹੜਾ ਧਾਰਮਿਕ ਕੰਮ ਕਰਨਾ ਸੀ?
38696	902	ਨਾਨਕ ਬਿਰਦੁ ਰਾਮ ਕਾ ਦੇਖੋ ਅਭੈ ਦਾਨੁ ਤਿਹਿ ਦੀਨਾ॥੩॥੧॥		Naanak Biradh Raam Kaa Dhaekhahu Abhai Dhaan Thih Dheenaa ||3||1||	O Nanak, behold the way of the Lord, who bestowed the gift of fearlessness. ||3||1||	ਹੇ ਨਾਨਕ! ਪਰ ਵੇਖ ਪਰਮਾਤਮਾ ਦਾ ਮੁੱਢ-ਕਦੀਮਾਂ ਦਾ ਸੁਭਾਉ, ਪਰਮਾਤਮਾ ਨੇ ਉਸ ਗਜ ਨੂੰ ਨਿਰਭੈਤਾ ਦੀ ਪਦਵੀ ਬਖ਼ਸ਼ ਦਿੱਤੀ ॥੩॥੧॥
38697	902	ਰਾਮਕਲੀ ਮਹਲਾ ੯॥		Raamakalee Mehalaa 9 ||	Raamkalee, Ninth Mehl:	

38698	902	ਸਾਧੋ ਕਉਨੁ ਜੁਗਤਿ ਅਬ ਕੀਜੈ॥		Saadhho Koun Jugath Ab Keejai ||	Holy people: what way should I now adopt,	ਹੇ ਸੰਤ ਜਨੋ! ਹੁਣ (ਇਸ ਮਨੁੱਖਾ ਜਨਮ ਵਿਚ ਉਹ) ਕਿਹੜੀ ਵਿਓਂਤ ਕੀਤੀ ਜਾਏ,
38699	902	ਜਾ ਤੇ ਦੁਰਮਤਿ ਸਗਲ ਬਿਨਾਸੈ ਰਾਮ ਭਗਤਿ ਮਨੁ ਭੀਜੈ॥੧॥ਰਹਾਉ॥		Jaa Thae Dhuramath Sagal Binaasai Raam Bhagath Man Bheejai ||1|| Rehaao ||	By which all evil-mindedness may be dispelled, and the mind may vibrate in devotional worship to the Lord? ||1||Pause||	ਜਿਸ ਦੇ ਕਰਨ ਨਾਲ (ਮਨੁੱਖ ਦੇ ਅੰਦਰੋਂ) ਸਾਰੀ ਖੋਟੀ ਮੱਤ ਨਾਸ ਹੋ ਜਾਏ, ਅਤੇ (ਮਨੁੱਖ ਦਾ) ਮਨ ਪਰਮਾਤਮਾ ਦੀ ਭਗਤੀ ਵਿਚ ਰਚ-ਮਿਚ ਜਾਏ? ॥੧॥ ਰਹਾਉ ॥
38700	902	ਮਨੁ ਮਾਇਆ ਮੈ ਉਰਝਿ ਰਹਿਓ ਹੈ ਬੂਝੈ ਨਹ ਕਛੁ ਗਿਆਨਾ॥		Man Maaeiaa Mehi Ourajh Rehiou Hai Boojhai Neh Kashh Giaanaa ||	My mind is entangled in Maya; it knows nothing at all of spiritual wisdom.	ਹੇ ਸੰਤ ਜਨੋ! (ਆਮ ਤੌਰ ਤੇ ਮਨੁੱਖ ਦਾ) ਮਨ ਮਾਇਆ (ਦੇ ਮੋਹ) ਵਿਚ ਉਲਝਿਆ ਰਹਿੰਦਾ ਹੈ, ਮਨੁੱਖ ਰਤਾ ਭਰ ਭੀ ਸਿਆਣਪ ਦੀ ਇਹ ਗੱਲ ਨਹੀਂ ਵਿਚਾਰਦਾ,
38701	902	ਕਉਨੁ ਨਾਮੁ ਜਗੁ ਜਾ ਕੈ ਸਿਮਰੈ ਪਾਵੈ ਪਦੁ ਨਿਰਬਾਨਾ॥੧॥		Koun Naam Jag Jaa Kai Simarai Paavai Padh Nirabaanaa ||1||	What is that Name, by which the world, contemplating it, might attain the state of Nirvaanaa? ||1||	ਕਿ ਉਹ ਕਿਹੜਾ ਨਾਮ ਹੈ ਜਿਸ ਦਾ ਸਿਮਰਨ ਕਰਨ ਨਾਲ ਜਗਤ ਵਾਸਨਾ-ਰਹਿਤ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ ॥੧॥
38702	902	ਭਏ ਦਇਆਲ ਕ੍ਰਿਪਾਲ ਸੰਤ ਜਨ ਤਬ ਇਹ ਬਾਤ ਬਤਾਈ॥		Bheae Dhaeiaal Kirapaal Santh Jan Thab Eih Baath Bathaaee ||	When the Saints became kind and compassionate, they told me this.	ਜਦੋਂ ਸੰਤ ਜਨ (ਕਿਸੇ ਭਾਗਾਂ ਵਾਲੇ ਉਤੇ) ਦਇਆਵਾਨ ਹੁੰਦੇ ਹਨ ਕਿਰਪਾਲ ਹੁੰਦੇ ਹਨ, ਤਦੋਂ ਉਹ (ਉਸ ਮਨੁੱਖ ਨੂੰ) ਇਹ ਗੱਲ ਦੱਸਦੇ ਹਨ ਕਿ-

38703	902	ਸਰਬ ਧਰਮ ਮਾਨੋ ਤਿਹ ਕੀਏ ਜਿਹ ਪ੍ਰਭ ਕੀਰਤਿ ਗਾਈ॥੨॥		Sarab Dhharam Maano Thih Keeeae Jih Prabh Keerath Gaaee ||2||	Understand, that whoever sings the Kirtan of God's Praises, has performed all religious rituals. ||2||	ਜਿਸ ਮਨੁੱਖ ਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਣਾ ਸ਼ੁਰੂ ਕਰ ਦਿੱਤਾ, ਇਉਂ ਮਿਥ ਲਵੋ ਕਿ ਉਸ ਨੇ ਸਾਰੇ ਹੀ ਧਾਰਮਿਕ ਕੰਮ ਕਰ ਲਏ ॥੨॥
38704	902	ਰਾਮ ਨਾਮ ਨਰ ਨਿਸਿ ਬਾਸੁਰ ਮੈ ਨਿਮਖ ਏਕ ਉਰ ਧਾਰੈ॥		Raam Naam Nar Nis Baasur Mehi Nimakh Eaek Our Dhhaarai ||	One who enshrines the Lord's Name in his heart night and day - even for an instant	(ਜਿਹੜਾ) ਮਨੁੱਖ ਦਿਨ ਰਾਤ ਵਿਚ ਅੱਖ ਦੇ ਇਕ ਫੋਰ ਲਈ ਭੀ ਪਰਮਾਤਮਾ ਦਾ ਨਾਮ (ਆਪਣੇ) ਹਿਰਦੇ ਵਿਚ ਵਸਾਂਦਾ ਹੈ,
38705	902	ਜਮ ਕੋ ਤ੍ਰਾਸੁ ਮਿਟੈ ਨਾਨਕ ਤਿਹ ਅਪੁਨੋ ਜਨਮੁ ਸਵਾਰੈ॥੩॥੨॥		Jam Ko Thraas Mittai Naanak Thih Apuno Janam Savaarai ||3||2||	- has his fear of Death eradicated. O Nanak, his life is approved and fulfilled. ||3||2||	ਹੇ ਨਾਨਕ! ਉਹ ਆਪਣਾ (ਮਨੁੱਖਾ) ਜਨਮ ਸਫਲ ਕਰ ਲੈਂਦਾ ਹੈ, ਉਸ ਮਨੁੱਖ ਦੇ ਦਿਲ ਵਿਚੋਂ ਮੌਤ ਦਾ ਸਹਿਮ ਦੂਰ ਹੋ ਜਾਂਦਾ ਹੈ ॥੩॥੨॥
38706	902	ਰਾਮਕਲੀ ਮਹਲਾ ੯॥		Raamakalee Mehalaa 9 ||	Raamkalee, Ninth Mehl:	
38707	902	ਪ੍ਰਾਨੀ ਨਾਰਾਇਨਿ ਸੁਧਿ ਲੇਹ॥		Praanee Naaraaein Sudhh Laehi ||	O mortal, focus your thoughts on the Lord.	ਪਰਮਾਤਮਾ ਦੀ ਯਾਦ ਹਿਰਦੇ ਵਿਚ ਵਸਾਈ ਰੱਖ।

38708	902	ਛਿਨੁ ਛਿਨੁ ਅਉਧ ਘਟੈ ਨਿਸ ਬਾਸੁਰ ਬ੍ਰਿਥਾ ਜਾਤੁ ਹੈ ਦੇਹ॥੧॥ਰਹਾਉ॥		Shhin Shhin Aoudhh Ghattai Nis Baasur Brithhaa Jaath Hai Dhaeh ||1|| Rehaao ||	Moment by moment, your life is running out; night and day, your body is passing away in vain. ||1||Pause||	(ਪ੍ਰਭੂ ਦੀ ਯਾਦ ਤੋਂ ਬਿਨਾ ਤੇਰਾ ਮਨੁੱਖਾ) ਸਰੀਰ ਵਿਅਰਥ ਜਾ ਰਿਹਾ ਹੈ। ਦਿਨੇ ਰਾਤ ਇਕ ਇਕ ਛਿਨ ਕਰ ਕੇ ਤੇਰੀ ਉਮਰ ਘਟਦੀ ਜਾ ਰਹੀ ਹੈ ॥੧॥ ਰਹਾਉ ॥
38709	902	ਤਰਨਾਪੋ ਬਿਖਿਅਨ ਸਿਉ ਖੋਇਓ ਬਾਲਪਨੁ ਅਗਿਆਨਾ॥	(ਤਰਨਾ-ਪੋ)ਜੁਆਨੀਪੁਣਾ। ਬਾਲ-ਪਨੁ	Tharanaapo Bikhian Sio Khoeiou Baalapan Agiaanaa ||	You have wasted your youth in corrupt pleasures, and your childhood in ignorance.	(ਜੀਵ ਭੀ ਅਜਬ ਮੰਦਭਾਗੀ ਹੈ ਕਿ ਇਸ ਨੇ) ਜਵਾਨੀ (ਦੀ ਉਮਰ) ਵਿਸ਼ੇ-ਵਿਕਾਰਾਂ ਵਿਚ ਗਵਾ ਲਈ, ਬਾਲ-ਉਮਰ ਅੰਞਾਣ-ਪੁਣੇ ਵਿਚ (ਗਵਾ ਲਈ।
38710	902	ਬਿਰਧ ਭਇਓ ਅਜਹੂ ਨਹੀ ਸਮਝੈ ਕਉਨੁ ਕੁਮਤਿ ਉਰਝਾਨਾ॥੧॥	ਕੁਮੱਤਿ	Biradhh Bhaeiou Ajehoo Nehee Samajhai Koun Kumath Ourajhaanaa ||1||	You have grown old, and even now, you do not understand, the evil-mindedness in which you are entangled. ||1||	ਹੁਣ) ਬੁੱਢਾ ਹੋ ਗਿਆ ਹੈ, ਪਰ ਅਜੇ ਭੀ ਨਹੀਂ ਸਮਝਦਾ। (ਪਤਾ ਨਹੀਂ ਇਹ) ਕਿਸ ਖੋਟੀ ਮੱਤ ਵਿਚ ਫਸਿਆ ਪਿਆ ਹੈ ॥੧॥
38711	902	ਮਾਨਸ ਜਨਮੁ ਦੀਓ ਜਿਹ ਠਾਕੁਰ ਸੋ ਤੈ ਕਿਉ ਬਿਸਰਾਇਓ॥		Maanas Janam Dheeou Jih Thaakur So Thai Kio Bisaraaeiou ||	Why have you forgotten your Lord and Master, who blessed you with this human life?	ਹੇ ਪ੍ਰਾਣੀ! ਜਿਸ ਠਾਕੁਰ-ਪ੍ਰਭੂ ਨੇ (ਤੈਨੂੰ) ਮਨੁੱਖਾ ਜਨਮ ਦਿੱਤਾ ਹੋਇਆ ਹੈ, ਤੂੰ ਉਸ ਨੂੰ ਕਿਉਂ ਭੁਲਾ ਰਿਹਾ ਹੈਂ?

38712	902	ਮੁਕਤਿ ਹੋਤ ਨਰ ਜਾ ਕੈ ਸਿਮਰੈ ਨਿਮਖ ਨ ਤਾ ਕੋ ਗਾਇਓ॥੨॥		Mukath Hoth Nar Jaa Kai Simarai Nimakh N Thaa Ko Gaaeiou ||2||	Remembering Him in meditation, one is liberated. And yet, you do not sing His Praises, even for an instant. ||2||	ਹੇ ਨਰ! ਜਿਸ ਪਰਮਾਤਮਾ ਦਾ ਨਾਮ ਸਿਮਰਨ ਨਾਲ ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਹੁੰਦੀ ਹੈ ਤੂੰ ਅੱਖ ਦੇ ਇਕ ਫੋਰ ਲਈ ਭੀ ਉਸ (ਦੀ ਸਿਫ਼ਤ-ਸਾਲਾਹ) ਨੂੰ ਨਹੀਂ ਗਾਂਦਾ ॥੨॥
38713	902	ਮਾਇਆ ਕੋ ਮਦੁ ਕਹਾ ਕਰਤੁ ਹੈ ਸੰਗਿ ਨ ਕਾਹੂ ਜਾਈ॥		Maaeiaa Ko Madh Kehaa Karath Hai Sang N Kaahoo Jaaee ||	Why are you intoxicated with Maya? It will not go along with you.	ਹੇ ਪ੍ਰਾਣੀ! ਕਿਉਂ ਮਾਇਆ ਦਾ (ਇਤਨਾ) ਮਾਣ ਤੂੰ ਕਰ ਰਿਹਾ ਹੈਂ? (ਇਹ ਤਾਂ) ਕਿਸੇ ਦੇ ਨਾਲ ਭੀ (ਅਖ਼ੀਰ ਵੇਲੇ) ਨਹੀਂ ਜਾਂਦੀ।
38714	902	ਨਾਨਕ ਕਹਤ ਚੇਤਿ ਚਿੰਤਾਮਨਿ ਹੋਇ ਹੈ ਅੰਤਿ ਸਹਾਈ॥੩॥੩॥੮੧॥		Naanak Kehath Chaeth Chinthaaman Hoe Hai Anth Sehaaee ||3||3||81||	Says Nanak, think of Him, remember Him in your mind. He is the Fulfiller of desires, who will be your help and support in the end. ||3||3||81||	ਨਾਨਕ ਆਖਦਾ ਹੈ ਕਿ ਪਰਮਾਤਮਾ ਦਾ ਸਿਮਰਨ ਕਰਦਾ ਰਹੁ। ਅੰਤ ਵੇਲੇ ਉਹ ਤੇਰਾ ਮਦਦਗਾਰ ਹੋਵੇਗਾ ॥੩॥੩॥੮੧॥
38715	902	ਰਾਮਕਲੀ ਮਹਲਾ ੧ ਅਸਟਪਦੀਆ	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Raamakalee Mehalaa 1 Asattapadheeaa	Raamkalee, First Mehl, Ashtapadees:	ਰਾਗ ਰਾਮਕਲੀ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
38716	902	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

38717	902	ਸੋਈ ਚੰਦੁ ਚੜਹਿ ਸੇ ਤਾਰੇ ਸੋਈ ਦਿਨੀਅਰੁ ਤਪਤ ਰਹੈ॥		Soee Chandh Charrehi Sae Thaarae Soee Dhineear Thapath Rehai ||	The same moon rises, and the same stars; the same sun shines in the sky.	(ਸਤਜੁਗ ਤ੍ਰੇਤਾ ਦੁਆਪੁਰ ਆਦਿਕ ਸਾਰੇ ਹੀ ਸਮਿਆਂ ਵਿਚ) ਉਹੀ ਚੰਦ੍ਰਮਾ ਚੜ੍ਹਦਾ ਆਇਆ ਹੈ, ਉਹੀ ਤਾਰੇ ਚੜ੍ਹਦੇ ਆ ਰਹੇ ਹਨ, ਉਹੀ ਸੂਰਜ ਚਮਕਦਾ ਆ ਰਿਹਾ ਹੈ,
38718	902	ਸਾ ਧਰਤੀ ਸੋ ਪਉਣੁ ਝੁਲਾਰੇ ਜੁਗ ਜੀਅ ਖੇਲੇ ਥਾਵ ਕੈਸੇ॥੧॥	ਖ਼੍ਹੇਲੇ	Saa Dhharathee So Poun Jhulaarae Jug Jeea Khaelae Thhaav Kaisae ||1||	The earth is the same, and the same wind blows. The age in which we dwell affects living beings, but not these places. ||1||	ਉਹੀ ਧਰਤੀ ਹੈ ਤੇ ਉਹੀ ਹਵਾ ਝੁਲਦੀ ਆ ਰਹੀ ਹੈ। ਕਲਿਜੁਗ ਦਾ ਪ੍ਰਭਾਵ ਹੀ ਜੀਵਾਂ ਦੇ ਮਨਾਂ ਵਿਚ (ਖੇਡਾਂ) ਖੇਡਦਾ ਹੈ ਕਿਸੇ ਖ਼ਾਸ ਥਾਵਾਂ ਵਿਚ ਨਹੀਂ ਖੇਡ ਸਕਦਾ ॥੧॥
38719	902	ਜੀਵਨ ਤਲਬ ਨਿਵਾਰਿ॥		Jeevan Thalab Nivaar ||	Give up your attachment to life.	(ਹੇ ਪੰਡਿਤ! ਆਪਣੇ ਮਨ ਵਿਚੋਂ) ਖ਼ੁਦ-ਗ਼ਰਜ਼ੀ ਦੂਰ ਕਰ (ਇਹ ਖ਼ੁਦ-ਗ਼ਰਜ਼ੀ ਕਲਿਜੁਗ ਹੈ।
38720	902	ਹੋਵੈ ਪਰਵਾਣਾ ਕਰਹਿ ਧਿਙਾਣਾ ਕਲਿ ਲਖਣ ਵੀਚਾਰਿ॥੧॥ਰਹਾਉ ॥	ਲੱਖਣ	Hovai Paravaanaa Karehi Dhhin(g)aanaa Kal Lakhan Veechaar ||1|| Rehaao ||	Those who act like tyrants are accepted and approved - recognize that this is the sign of the Dark Age of Kali Yuga. ||1||Pause||	ਇਸ ਖ਼ੁਦ-ਗ਼ਰਜ਼ੀ ਦੇ ਅਸਰ ਹੇਠ ਜਰਵਾਣੇ ਲੋਕ ਕਮਜ਼ੋਰਾਂ ਉਤੇ) ਧੱਕਾ ਕਰਦੇ ਹਨ ਤੇ (ਉਹਨਾਂ ਦੀਆਂ ਨਜ਼ਰਾਂ ਵਿਚ) ਇਹ ਧੱਕਾ ਜਾਇਜ਼ ਸਮਝਿਆ ਜਾਂਦਾ ਹੈ। ਖ਼ੁਦ-ਗ਼ਰਜ਼ੀ ਤੇ ਦੂਜਿਆਂ ਉਤੇ ਧੱਕਾ-ਹੇ ਪੰਡਿਤ! ਇਹਨਾਂ ਨੂੰ) ਕਲਿਜੁਗ ਦੇ ਲੱਛਣ ਸਮਝ ॥੧॥ ਰਹਾਉ ॥

38721	902	ਕਿਤੈ ਦੇਸਿ ਨ ਆਇਆ ਸੁਣੀਐ ਤੀਰਥ ਪਾਸਿ ਨ ਬੈਠਾ॥		Kithai Dhaes N Aaeiaa Suneeai Theerathh Paas N Baithaa ||	Kali Yuga has not been heard to have come to any country, or to be sitting at any sacred shrine.	ਕਿਸੇ ਨੇ ਕਦੇ ਨਹੀਂ ਸੁਣਿਆ ਕਿ ਕਲਿਜੁਗ ਕਿਸੇ ਖ਼ਾਸ ਦੇਸ ਵਿਚ ਆਇਆ ਹੋਇਆ ਹੈ, ਕਿਸੇ ਖ਼ਾਸ ਤੀਰਥ ਕੋਲ ਬੈਠਾ ਹੋਇਆ ਹੈ।
38722	902	ਦਾਤਾ ਦਾਨੁ ਕਰੇ ਤਹ ਨਾਹੀ ਮਹਲ ਉਸਾਰਿ ਨ ਬੈਠਾ ॥੨॥		Dhaathaa Dhaan Karae Theh Naahee Mehal Ousaar N Baithaa ||2||	It is not where the generous person gives to charities, nor seated in the mansion he has built. ||2||	ਜਿਥੇ ਕੋਈ ਦਾਨੀ ਦਾਨ ਕਰਦਾ ਹੈ ਉਥੇ ਭੀ ਬੈਠਾ ਹੋਇਆ ਕਿਸੇ ਨਹੀਂ ਸੁਣਿਆ, ਕਿਸੇ ਥਾਂ ਕਲਿਜੁਗ ਮਹਲ ਉਸਾਰ ਕੇ ਨਹੀਂ ਬੈਠ ਰਿਹਾ ॥੨॥
38723	902	ਜੇ ਕੋ ਸਤੁ ਕਰੇ ਸੋ ਛੀਜੈ ਤਪ ਘਰਿ ਤਪੁ ਨ ਹੋਈ॥	ਸੱਤੁ	Jae Ko Sath Karae So Shheejai Thap Ghar Thap N Hoee ||	If someone practices Truth, he is frustrated; prosperity does not come to the home of the sincere.	ਜੇ ਕੋਈ ਮਨੁੱਖ ਆਪਣਾ ਆਚਰਨ ਉੱਚਾ ਬਣਾਂਦਾ ਹੈ ਤਾਂ ਉਹ (ਸਗੋਂ ਲੋਕਾਂ ਦੀਆਂ ਨਜ਼ਰਾਂ ਵਿਚ) ਡਿੱਗਦਾ ਹੈ, ਜੇ ਕੋਈ ਤਪੀ ਹੋਣ ਦਾ ਦਾਹਵਾ ਕਰਦਾ ਹੈ ਤਾਂ ਉਸ ਦੇ ਇੰਦ੍ਰੇ ਆਪਣੇ ਵੱਸ ਵਿਚ ਨਹੀਂ ਹੱਨ,
38724	902	ਜੇ ਕੋ ਨਾਉ ਲਏ ਬਦਨਾਵੀ ਕਲਿ ਕੇ ਲਖਣ ਏਈ॥੩॥	ਉਸ ਦੀ ਬਦਨਾਵੀ ਨਿੰਦਾ ਕਰਦੇ ਹਨ।ਲੱਖਣ	Jae Ko Naao Leae Badhanaavee Kal Kae Lakhan Eaeee ||3||	If someone chants the Lord's Name, he is scorned. These are the signs of Kali Yuga. ||3||	ਜੇ ਜੋਈ ਪਰਮਾਤਮਾ ਦਾ ਨਾਮ ਸਿਮਰਦਾ ਹੈ ਤਾਂ (ਲੋਕਾਂ ਵਿਚ ਸਗੋਂ ਉਸ ਦੀ) ਬਦਨਾਮੀ ਹੁੰਦੀ ਹੈ। (ਹੇ ਪੰਡਿਤ! ਭੈੜਾ ਆਚਰਨ, ਇੰਦ੍ਰੇ ਵੱਸ ਵਿਚ ਨਾਹ ਹੋਣੇ, ਪ੍ਰਭੂ-ਨਾਮ ਵੱਲੋਂ ਨਫ਼ਰਤ-) ਇਹ ਹਨ ਕਲਿਜੁਗ ਦੇ ਲੱਛਣ ॥੩॥

38725	902	ਜਿਸੁ ਸਿਕਦਾਰੀ ਤਿਸਹਿ ਖੁਆਰੀ ਚਾਕਰ ਕੇਹੇ ਡਰਣਾ॥	ਸਿੱਕਦਾਰੀ	Jis Sikadhaaree Thisehi Khuaaree Chaakar Kaehae Ddaranaa ||	Whoever is in charge, is humiliated. Why should the servant be afraid,	(ਪਰ ਇਹ ਖ਼ੁਦ-ਗ਼ਰਜ਼ੀ ਤੇ ਕਮਜ਼ੋਰਾਂ ਉਤੇ ਧੱਕਾ ਸੁਖੀ ਜੀਵਨ ਦਾ ਰਸਤਾ ਨਹੀਂ) ਜਿਸ ਮਨੁੱਖ ਨੂੰ ਦੂਜਿਆਂ ਉਤੇ ਸਰਦਾਰੀ ਮਿਲਦੀ ਹੈ (ਤੇ ਉਹ ਕਮਜ਼ੋਰਾਂ ਉਤੇ ਧੱਕਾ ਕਰਦਾ ਹੈ) ਉਸ ਦੀ ਹੀ (ਇਸ ਧੱਕੇ-ਜ਼ੁਲਮ ਦੇ ਕਾਰਨ ਆਖ਼ਰ) ਦੁਰਗਤਿ ਹੁੰਦੀ ਹੈ।
38726	902	ਜਾ ਸਿਕਦਾਰੈ ਪਵੈ ਜੰਜੀਰੀ ਤਾ ਚਾਕਰ ਹਥਹੁ ਮਰਣਾ॥੪॥		Jaa Sikadhaarai Pavai Janjeeree Thaa Chaakar Hathhahu Maranaa ||4||	When the master is put in chains? He dies at the hands of his servant. ||4||	ਨੌਕਰਾਂ ਨੂੰ (ਉਸ ਦੁਰਗਤਿ ਤੋਂ ਕੋਈ) ਖ਼ਤਰਾ ਨਹੀਂ ਹੁੰਦਾ, ਜਦੋਂ ਉਸ ਸਰਦਾਰ ਦੇ ਗਲ ਵਿਚ ਫਾਹਾ ਪੈਂਦਾ ਹੈ, ਤਾਂ ਉਹ ਉਹਨਾਂ ਨੌਕਰਾਂ ਦੇ ਹੱਥੋਂ ਹੀ ਮਰਦਾ ਹੈ ॥੪॥
38727	903	ਆਖੁ ਗੁਣਾ ਕਲਿ ਆਈਐ॥		Aakh Gunaa Kal Aaeeai ||	Chant the Praises of the Lord; Kali Yuga has come.	(ਹੇ ਪੰਡਿਤ! ਤੇਰੇ ਕਹਿਣ ਅਨੁਸਾਰ ਜੇ ਹੁਣ) ਕਲਿਜੁਗ ਦਾ ਸਮਾ ਹੀ ਆ ਗਿਆ ਹੈ,

38728	903	ਤਿਹੁ ਜੁਗ ਕੇਰਾ ਰਹਿਆ ਤਪਾਵਸੁ ਜੇ ਗੁਣ ਦੇਹਿ ਤ ਪਾਈਐ॥੧॥ਰਹਾਉ ॥	(ਤਪਾਵਸੁ)ਨਿਆਉਂ	Thihu Jug Kaeraa Rehiaa Thapaavas Jae Gun Dhaehi Th Paaeeai ||1|| Rehaao ||	The justice of the previous three ages is gone. One obtains virtue, only if the Lord bestows it. ||1||Pause||	(ਤਾਂ ਭੀ ਤੀਰਥ ਵਰਤ ਆਦਿਕ ਕਰਮ ਕਾਂਡ ਦਾ ਰਸਤਾ ਛੱਡ ਕੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਕਰ (ਕਿਉਂਕਿ ਤੇਰੇ ਧਰਮ ਸ਼ਾਸਤ੍ਰਾਂ ਅਨੁਸਾਰ ਕਲਿਜੁਗ ਵਿਚ ਸਿਫ਼ਤ-ਸਾਲਾਹ ਹੀ ਪਰਵਾਨ ਹੈ, ਤੇ) ਪਹਿਲੇ ਤਿੰਨ ਜੁਗਾਂ ਦਾ ਪ੍ਰਭਾਵ ਹੁਣ ਮੁੱਕ ਚੁਕਾ ਹੈ। (ਸੋ, ਹੇ ਪੰਡਿਤ! ਪਰਮਾਤਮਾ ਅਗੇ ਇਉਂ ਅਰਜ਼ੋਈ ਕਰ-ਹੇ ਪ੍ਰਭੂ! ਜੇ ਬਖ਼ਸ਼ਸ਼ ਕਰਨੀ ਹੈ ਤਾਂ ਆਪਣੇ) ਗੁਣਾਂ ਦੀ ਬਖ਼ਸ਼ਸ਼ ਕਰ, ਇਹ ਹੀ ਪ੍ਰਾਪਤ ਕਰਨ-ਜੋਗ ਹੈ ॥੧॥ ਰਹਾਉ ॥
38729	903	ਕਲਿ ਕਲਵਾਲੀ ਸਰਾ ਨਿਬੇੜੀ ਕਾਜੀ ਕ੍ਰਿਸਨਾ ਹੋਆ॥	(ਕਲਿ)ਕਲਜੁੱਗ ਦੀ(ਕਲਵਾਲੀ)ਲੜਾਈ ਵਾਲੀ ਕਿਰਿਆ। ਨਿਬੇੜੀ ਨਿਆਉਂ ਕਰਨ ਵਾਲੇ ਕ੍ਰਿਸਨਾ ਕਾਲੇ ਮਨ ਵਾਲੇ ਹੋ ਗਏ। ਕਾਜੀ:ਪੋਲਾ ਬੋਲੋ	Kal Kalavaalee Saraa Nibaerree Kaajee Kirasanaa Hoaa ||	In this turbulent age of Kali Yuga, Muslim law decides the cases, and the blue-robed Qazi is the judge.	(ਹੇ ਪੰਡਿਤ) ਕਲਿਜੁਗ ਇਹ ਹੈ (ਕਿ ਮੁਸਲਮਾਨੀ ਹਕੂਮਤ ਵਿਚ ਧੱਕੇ-ਜ਼ੋਰ ਨਾਲ) ਝਗੜੇ ਵਧਾਣ ਵਾਲਾ ਇਸਲਾਮੀ ਕਾਨੂੰਨ ਹੀ ਫ਼ੈਸਲੇ ਕਰਨ ਵਾਲਾ ਬਣਿਆ ਹੋਇਆ ਹੈ, ਤੇ ਨਿਆਂ ਕਰਨ ਵਾਲਾ ਕਾਜ਼ੀ-ਹਾਕਮ ਵੱਢੀ-ਖ਼ੋਰ ਹੋ ਚੁਕਾ ਹੈ।

38730	903	ਬਾਣੀ ਬ੍ਰਹਮਾ ਬੇਦੁ ਅਥਰਬਣੁ ਕਰਣੀ ਕੀਰਤਿ ਲਹਿਆ॥੫॥	ਅਥਰ-ਬਣੁ	Baanee Brehamaa Baedh Athharaban Karanee Keerath Lehiaa ||5||	The Guru's Bani has taken the place of Brahma's Veda, and the singing of the Lord's Praises are good deeds. ||5||	(ਜਾਦੂ ਟੂਣਿਆਂ ਦਾ ਪਰਚਾਰਕ) ਅਥਰਬਣ ਵੇਦ ਬ੍ਰਹਮਾ ਦੀ ਬਾਣੀ ਪ੍ਰਧਾਨ ਹੈ। ਉੱਚਾ ਆਚਰਨ ਤੇ ਸਿਫ਼ਤ-ਸਾਲਾਹ ਲੋਕਾਂ ਦੇ ਮਨਾਂ ਤੋਂ ਲਹਿ ਗਏ ਹਨ-ਇਹੀ ਹੈ ਕਲਿਜੁਗ ॥੫॥
38731	903	ਪਤਿ ਵਿਣੁ ਪੂਜਾ ਸਤ ਵਿਣੁ ਸੰਜਮੁ ਜਤ ਵਿਣੁ ਕਾਹੇ ਜਨੇਊ॥		Path Vin Poojaa Sath Vin Sanjam Jath Vin Kaahae Janaeoo ||	Worship without faith; self-discipline without truthfulness; the ritual of the sacred thread without chastity - what good are these?	ਪਤੀ-ਪਰਮਾਤਮਾ ਨੂੰ ਵਿਸਾਰ ਕੇ ਇਹ ਦੇਵ-ਪੂਜਾ ਕਿਸ ਅਰਥ? ਉੱਚੇ ਆਚਰਨ ਤੋਂ ਖ਼ਾਲੀ ਰਹਿ ਕੇ ਇਸ ਸੰਜਮ ਦਾ ਕੀਹ ਲਾਭ? ਜੇ ਵਿਚਾਰਾਂ ਵਲੋਂ ਰੋਕ-ਥੰਮ ਨਹੀਂ ਤਾਂ ਜਨੇਊ ਕੀਹ ਸੰਵਾਰਦਾ ਹੈ?
38732	903	ਨਾਵਹੁ ਧੋਵਹੁ ਤਿਲਕੁ ਚੜਾਵਹੁ ਸੁਚ ਵਿਣੁ ਸੋਚ ਨ ਹੋਈ॥੬॥	ਚੜ੍ਹਾਵਹੁ ਸੁੱਚ	Naavahu Dhhovahu Thilak Charraavahu Such Vin Soch N Hoee ||6||	You may bathe and wash, and apply a ritualistic tilak mark to your forehead, but without inner purity, there is no understanding. ||6||	(ਹੇ ਪੰਡਿਤ!) ਤੁਸੀ (ਤੀਰਥਾਂ ਤੇ) ਇਸ਼ਨਾਨ ਕਰਦੇ ਹੋ, (ਸਰੀਰ ਮਲ ਮਲ ਕੇ) ਧੋਂਦੇ ਹੋ, (ਮੱਥੇ ਉਤੇ) ਤਿਲਕ ਲਾਂਦੇ ਹੋ (ਤੇ ਇਸ ਨੂੰ ਪਵਿਤ੍ਰ ਕਰਮ ਸਮਝਦੇ ਹੋ), ਪਰ ਪਵਿਤ੍ਰ ਆਚਰਨ ਤੋਂ ਬਿਨਾ ਇਹ ਬਾਹਰਲੀ ਪਵਿਤ੍ਰਤਾ ਕੋਈ ਮੁੱਲ ਨਹੀਂ ਰੱਖਦੀ। (ਅਸਲ ਵਿਚ ਇਹ ਭੁਲੇਖਾ ਭੀ ਕਲਿਜੁਗ ਹੀ ਹੈ) ॥੬॥
38733	903	ਕਲਿ ਪਰਵਾਣੁ ਕਤੇਬ ਕੁਰਾਣੁ॥		Kal Paravaan Kathaeb Kuraan ||	In Kali Yuga, the Koran and the Bible have become famous.	(ਇਸਲਾਮੀ ਹਕੂਮਤ ਦੇ ਧੱਕੇ ਜ਼ੋਰ ਦੇ ਹੇਠ) ਸ਼ਾਮੀ ਕਿਤਾਬਾਂ ਤੇ ਕੁਰਾਨ ਨੂੰ ਪ੍ਰਵਾਨਗੀ ਦਿੱਤੀ ਜਾ ਰਹੀ ਹੈ,

38734	903	ਪੋਥੀ ਪੰਡਿਤ ਰਹੇ ਪੁਰਾਣ॥		Pothhee Panddith Rehae Puraan ||	The Pandit's scriptures and the Puraanas are not respected.	ਪੰਡਿਤਾਂ ਦੀਆਂ ਪੁਰਾਣ ਆਦਿਕ ਪੁਸਤਕਾਂ ਰਹਿ ਗਈਆਂ ਹਨ।
38735	903	ਨਾਨਕ ਨਾਉ ਭਇਆ ਰਹਮਾਣੁ॥		Naanak Naao Bhaeiaa Rehamaan ||	O Nanak, the Lord's Name now is Rehmaan, the Merciful.	ਹੇ ਨਾਨਕ! (ਇਸ ਜ਼ੋਰ ਧੱਕੇ ਹੇਠ ਹੀ) ਪਰਮਾਤਮਾ ਦਾ ਨਾਮ 'ਰਹਮਾਨ' ਆਖਿਆ ਜਾ ਰਿਹਾ ਹੈ- ਇਹ ਭੀ, ਹੇ ਪੰਡਿਤ! ਕਲਿਜੁਗ (ਦਾ ਲੱਛਣ) ਹੈ (ਕਿਸੇ ਦੇ ਧਾਰਮਿਕ ਵਿਸ਼ਵਾਸ ਨੂੰ ਧੱਕੇ ਜ਼ੋਰ ਨਾਲ 'ਧਿਙਾਣੇ' ਨਾਲ ਦਬਾਣਾ ਕਲਿਜੁਗ ਦਾ ਪ੍ਰਭਾਵ ਹੈ)।
38736	903	ਕਰਿ ਕਰਤਾ ਤੂ ਏਕੋ ਜਾਣੁ॥੭॥		Kar Karathaa Thoo Eaeko Jaan ||7||	Know that there is only One Creator of the creation. ||7||	ਹੇ ਪੰਡਿਤ! ਹਰ ਇਕੋ ਕਰਤਾਰ ਹੈ ਹੀ ਇਹ ਸਭ ਕੁਝ ਕਰਨ ਵਾਲਾ ਜਾਣ ॥੭॥
38737	903	ਨਾਨਕ ਨਾਮੁ ਮਿਲੈ ਵਡਿਆਈ ਏਦੂ ਉਪਰਿ ਕਰਮੁ ਨਹੀ॥		Naanak Naam Milai Vaddiaaee Eaedhoo Oupar Karam Nehee ||	Nanak has obtained the glorious greatness of the Naam, the Name of the Lord. There is no action higher than this.	ਹੇ ਨਾਨਕ! ਜੋ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਹੈ ਉਸ ਨੂੰ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ, ਨਾਮ ਜਪਣ ਤੋਂ ਵਧੀਕ ਚੰਗਾ ਹੋਰ ਕੋਈ ਕਰਮ ਨਹੀਂ ਹੈ (ਪੰਡਿਤ ਤੀਰਥ ਵਰਤ ਆਦਿਕ ਕਰਮਾਂ ਨੂੰ ਹੀ ਸਲਾਹੁੰਦਾ ਰਹਿੰਦਾ ਹੈ)।

38738	903	ਜੇ ਘਰਿ ਹੋਦੈ ਮੰਗਣਿ ਜਾਈਐ ਫਿਰਿ ਓਲਾਮਾ ਮਿਲੈ ਤਹੀ॥੮॥੧॥		Jae Ghar Hodhai Mangan Jaaeeai Fir Oulaamaa Milai Thehee ||8||1||	If someone goes out to beg for what is already in his own home, then he should be chastised. ||8||1||	(ਪਰਮਾਤਮਾ ਹਰੇਕ ਦੇ ਹਿਰਦੇ ਵਿਚ ਵੱਸਦਾ ਹੈ, ਉਸ ਦਾ ਨਾਮ ਭੁਲਾਇਆਂ ਇਹ ਸੂਝ ਨਹੀਂ ਰਹਿੰਦੀ ਤੇ ਮਨੁੱਖ ਹੋਰ ਹੋਰ ਆਸਰੇ ਤੱਕਦਾ ਫਿਰਦਾ ਹੈ) ਪਰਮਾਤਮਾ ਦਾਤਾਰ ਹਿਰਦੇ-ਘਰ ਵਿਚ ਹੋਵੇ ਤੇ ਭੁੱਲੜ ਜੀਵ ਬਾਹਰ ਦੇਵੀ ਦੇਵਤਿਆਂ ਆਦਿਕ ਤੋਂ ਮੰਗਦਾ ਫਿਰੇ, ਇਹ ਦੋਸ਼ ਜੀਵ ਦੇ ਸਿਰ ਆਉਂਦਾ ਹੈ ॥੮॥੧॥
38739	903	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	
38740	903	ਜਗੁ ਪਰਬੋਧਹਿ ਮੜੀ ਬਧਾਵਹਿ॥	ਮੜ੍ਹੀ	Jag Parabodhhehi Marree Badhhaavehi ||	You preach to the world, and set up your house.	(ਹੇ ਜੋਗੀ!) ਤੂੰ ਜਗਤ ਨੂੰ ਉਪਦੇਸ਼ ਕਰਦਾ ਹੈਂ (ਇਸ ਉਪਦੇਸ਼ ਦੇ ਵੱਟੇ ਘਰ ਘਰ ਭਿੱਛਿਆ ਮੰਗ ਕੇ ਆਪਣੇ) ਸਰੀਰ ਨੂੰ (ਪਾਲ ਪਾਲ ਕੇ) ਮੋਟਾ ਕਰ ਰਿਹਾ ਹੈਂ।
38741	903	ਆਸਣੁ ਤਿਆਗਿ ਕਾਹੇ ਸਚੁ ਪਾਵਹਿ॥		Aasan Thiaag Kaahae Sach Paavehi ||	Abandoning your Yogic postures, how will you find the True Lord?	(ਦਰ ਦਰ ਭਟਕਣ ਨਾਲ) ਮਨ ਦੀ ਅਡੋਲਤਾ ਗਵਾ ਕੇ ਤੂੰ ਸਦਾ-ਅਡੋਲ ਪਰਮਾਤਮਾ ਨੂੰ ਕਿਵੇਂ ਮਿਲ ਸਕਦਾ ਹੈਂ?
38742	903	ਮਮਤਾ ਮੋਹੁ ਕਾਮਣਿ ਹਿਤਕਾਰੀ॥		Mamathaa Mohu Kaaman Hithakaaree ||	You are attached to possessiveness and the love of sexual pleasure.	ਜਿਸ ਮਨੁੱਖ ਨੂੰ ਮਾਇਆ ਦੀ ਮਮਤਾ ਲੱਗੀ ਹੋਵੇ ਮਾਇਆ ਦਾ ਮੋਹ ਚੰਬੜਿਆ ਹੋਵੇ ਜੋ ਇਸਤ੍ਰੀ ਦਾ ਭੀ ਪ੍ਰੇਮੀ ਹੋਵੇ,

38743	903	ਨਾ ਅਉਧੂਤੀ ਨਾ ਸੰਸਾਰੀ॥੧॥		Naa Aoudhhoothee Naa Sansaaree ||1||	You are not a renunciate, nor a man of the world. ||1||	ਉਹ ਨਾਹ ਤਿਆਗੀ ਰਿਹਾ ਨਾਹ ਗ੍ਰਿਹਸਤੀ ਬਣਿਆ ॥੧॥
38744	903	ਜੋਗੀ ਬੈਸਿ ਰਹਹੁ ਦੁਬਿਧਾ ਦੁਖੁ ਭਾਗੈ॥		Jogee Bais Rehahu Dhubidhhaa Dhukh Bhaagai ||	Yogi, remain seated, and the pain of duality will run away from you.	ਹੇ ਜੋਗੀ! ਆਪਣੇ ਮਨ ਨੂੰ ਪ੍ਰਭੂ-ਚਰਨਾਂ ਵਿਚ ਜੋੜ (ਇਸ ਤਰ੍ਹਾਂ) ਹੋਰ ਹੋਰ ਆਸਰਾ ਭਾਲਣ ਦੀ ਝਾਕ ਦਾ ਦੁੱਖ ਦੂਰ ਹੋ ਜਾਇਗਾ।
38745	903	ਘਰਿ ਘਰਿ ਮਾਗਤ ਲਾਜ ਨ ਲਾਗੈ॥੧॥ਰਹਾਉ॥		Ghar Ghar Maagath Laaj N Laagai ||1|| Rehaao ||	You beg from door to door, and you don't feel ashamed. ||1||Pause||	ਘਰ ਘਰ (ਮੰਗਣ ਦੀ) ਸ਼ਰਮ ਭੀ ਨਾਹ ਉਠਾਈ ਪਏਗੀ ॥੧॥ ਰਹਾਉ ॥
38746	903	ਗਾਵਹਿ ਗੀਤ ਨ ਚੀਨਹਿ ਆਪੁ॥		Gaavehi Geeth N Cheenehi Aap ||	You sing the songs, but you do not understand your own self.	(ਹੇ ਜੋਗੀ! ਤੂੰ ਲੋਕਾਂ ਨੂੰ ਸੁਣਾਣ ਵਾਸਤੇ) ਭਜਨ ਗਾਉਂਦਾ ਹੈਂ ਪਰ ਆਪਣੇ ਆਤਮਕ ਜੀਵਨ ਨੂੰ ਨਹੀਂ ਵੇਖਦਾ।
38747	903	ਕਿਉ ਲਾਗੀ ਨਿਵਰੈ ਪਰਤਾਪੁ॥		Kio Laagee Nivarai Parathaap ||	How will the burning pain within be relieved?	(ਤੇਰੇ ਅੰਦਰ ਮਾਇਆ ਦੀ) ਤਪਸ਼ ਲੱਗੀ ਹੋਈ ਹੈ (ਲੋਕਾਂ ਨੂੰ ਗੀਤ ਸੁਣਾਇਆਂ) ਇਹ ਕਿਵੇਂ ਦੂਰ ਹੋਵੇ?
38748	903	ਗੁਰ ਕੈ ਸਬਦਿ ਰਚੈ ਮਨ ਭਾਇ॥		Gur Kai Sabadh Rachai Man Bhaae ||	Through the Word of the Guru's Shabad, let your mind be absorbed in the Lord's Love,	ਜੇਹੜਾ ਮਨੁੱਖ ਮਨ ਦੇ ਪਿਆਰ ਨਾਲ ਗੁਰੂ ਦੇ ਸ਼ਬਦ ਵਿਚ ਲੀਨ ਹੁੰਦਾ ਹੈ,

38749	903	ਭਿਖਿਆ ਸਹਜ ਵੀਚਾਰੀ ਖਾਇ॥੨॥	ਭਿੱਖਿਆ	Bhikhiaa Sehaj Veechaaree Khaae ||2||	And you will intuitively experience the charity of contemplation. ||2||	ਉਹ ਅਡੋਲ ਆਤਮਕ ਅਵਸਥਾ ਦੀ ਸੂਝ ਵਾਲਾ ਹੋ ਕੇ (ਪਰਮਾਤਮਾ ਦੇ ਦਰ ਤੋਂ ਨਾਮ ਦੀ) ਭਿੱਛਿਆ (ਲੈ ਕੇ) ਖਾਂਦਾ ਹੈ ॥੨॥
38750	903	ਭਸਮ ਚੜਾਇ ਕਰਹਿ ਪਾਖੰਡੁ॥	ਚੜ੍ਹਾਇ	Bhasam Charraae Karehi Paakhandd ||	You apply ashes to your body, while acting in hypocrisy.	(ਹੇ ਜੋਗੀ!) ਤੂੰ (ਆਪਣੇ ਪਿੰਡੇ ਉਤੇ) ਸੁਆਹ ਮਲ ਕੇ (ਤਿਆਗੀ ਹੋਣ ਦਾ, ਪਖੰਡ ਕਰਦਾ ਹੈਂ,
38751	903	ਮਾਇਆ ਮੋਹੁ ਸਹਹਿ ਜਮ ਡੰਡੁ॥	ਸਹ-ਹਿ	Maaeiaa Mohi Sehehi Jam Ddandd ||	Attached to Maya, you will be beaten by Death's heavy club.	(ਪਰ ਤੇਰੇ ਅੰਦਰ) ਮਾਇਆ ਦਾ ਮੋਹ (ਪ੍ਰਬਲ) ਹੈ (ਅੰਤਰ ਆਤਮੇ) ਤੂੰ ਜਮ ਦੀ ਸਜ਼ਾ ਭੁਗਤ ਰਿਹਾ ਹੈਂ।
38752	903	ਫੂਟੈ ਖਾਪਰੁ ਭੀਖ ਨ ਭਾਇ॥		Foottai Khaapar Bheekh N Bhaae ||	Your begging bowl is broken; it will not hold the charity of the Lord's Love.	ਜਿਸ ਮਨੁੱਖ ਦਾ ਹਿਰਦਾ-ਖੱਪਰ ਟੁੱਟ ਜਾਂਦਾ ਹੈ (ਭਾਵ, ਮਾਇਆ ਦੇ ਮੋਹ ਦੇ ਕਾਰਨ ਜਿਸ ਦਾ ਹਿਰਦਾ ਅਡੋਲ ਨਹੀਂ ਰਹਿ ਜਾਂਦਾ) ਉਸ ਵਿਚ (ਨਾਮ ਦੀ) ਉਹ ਭਿੱਛਿਆ ਨਹੀਂ ਠਹਿਰ ਸਕਦੀ ਜੋ (ਪ੍ਰਭੂ-ਚਰਨਾਂ ਵਿਚ) ਪ੍ਰੇਮ ਦੀ ਰਾਹੀਂ ਮਿਲਦੀ ਹੈ।
38753	903	ਬੰਧਨਿ ਬਾਧਿਆ ਆਵੈ ਜਾਇ॥੩॥		Bandhhan Baadhhiaa Aavai Jaae ||3||	Bound in bondage, you come and go. ||3||	ਅਜੇਹਾ ਮਨੁੱਖ ਮਾਇਆ ਦੀ ਜੇਵੜੀ ਵਿਚ ਬੱਝਾ ਹੋਇਆ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ ॥੩॥

38754	903	ਬਿੰਦੁ ਨ ਰਾਖਹਿ ਜਤੀ ਕਹਾਵਹਿ॥		Bindh N Raakhehi Jathee Kehaavehi ||	You do not control your seed and semen, and yet you claim to practice abstinence.	ਹੇ ਜੋਗੀ! ਤੂੰ ਕਾਮ-ਵਾਸਨਾ ਤੋਂ ਆਪਣੇ ਆਪ ਨੂੰ ਨਹੀਂ ਬਚਾਂਦਾ, ਪਰ (ਫਿਰ ਭੀ ਲੋਕਾਂ ਪਾਸੋਂ) ਜਤੀ ਅਖਵਾ ਰਿਹਾ ਹੈਂ।
38755	903	ਮਾਈ ਮਾਗਤ ਤ੍ਰੈ ਲੋਭਾਵਹਿ॥		Maaee Maagath Thrai Lobhaavehi ||	You beg from Maya, lured by the three qualities.	ਮਾਇਆ ਮੰਗਦਾ ਮੰਗਦਾ ਤੂੰ ਤ੍ਰੈਗੁਣੀ ਮਾਇਆ ਵਿਚ ਫਸ ਰਿਹਾ ਹੈਂ।
38756	903	ਨਿਰਦਇਆ ਨਹੀ ਜੋਤਿ ਉਜਾਲਾ॥	ਨਿਰ-ਦਇਆ	Niradhaeiaa Nehee Joth Oujaalaa ||	You have no compassion; the Lord's Light does not shine in you.	ਜਿਸ ਮਨੁੱਖ ਦੇ ਅੰਦਰ ਕਠੋਰਤਾ ਹੋਵੇ ਉਸ ਦੇ ਹਿਰਦੇ ਵਿਚ ਪਰਮਾਤਮਾ ਦੀ ਜੋਤਿ ਦਾ ਚਾਨਣ ਨਹੀਂ ਹੋ ਸਕਦਾ,
38757	903	ਬੂਡਤ ਬੂਡੇ ਸਰਬ ਜੰਜਾਲਾ॥੪॥		Booddath Booddae Sarab Janjaalaa ||4||	You are drowned, drowned in worldly entanglements. ||4||	(ਸਹਿਜੇ ਸਹਿਜੇ) ਡੁੱਬਦਾ ਡੁੱਬਦਾ ਉਹ (ਮਾਇਆ ਦੇ) ਸਾਰੇ ਜੰਜਾਲਾਂ ਵਿਚ ਡੁੱਬ ਜਾਂਦਾ ਹੈ ॥੪॥
38758	903	ਭੇਖ ਕਰਹਿ ਖਿੰਥਾ ਬਹੁ ਥਟੂਆ॥		Bhaekh Karehi Khinthhaa Bahu Thhattooaa ||	You wear religious robes, and your patched coat assumes many disguises.	(ਹੇ ਜੋਗੀ!) ਗੋਦੜੀ ਆਦਿਕ ਦਾ ਬਹੁਤ ਅਡੰਬਰ ਰਚਾ ਕੇ ਤੂੰ (ਵਿਖਾਵੇ ਲਈ) ਧਾਰਮਿਕ ਪਹਿਰਾਵਾ ਕਰ ਰਿਹਾ ਹੈਂ,
38759	903	ਝੂਠੋ ਖੇਲੁ ਖੇਲੈ ਬਹੁ ਨਟੂਆ॥	ਖੇਲੁ। ਖੇਲੈ	Jhootho Khael Khaelai Bahu Nattooaa ||	You play all sorts of false tricks, like a juggler.	ਪਰ ਤੇਰਾ ਇਹ ਅਡੰਬਰ ਉਸ ਮਦਾਰੀ ਦੇ ਤਮਾਸ਼ੇ ਵਾਂਗ ਹੈ ਜੋ (ਲੋਕਾਂ ਪਾਸੋਂ ਮਾਇਆ ਕਮਾਣ ਲਈ) ਝੂਠਾ ਖੇਲ ਹੀ ਖੇਲਦਾ ਹੈ (ਭਾਵ, ਜੋ ਕੁਝ ਉਹ ਵਿਖਾਂਦਾ ਹੈ ਉਹ ਅਸਲ ਵਿਚ ਨਜ਼ਰ ਦਾ ਧੋਖਾ ਹੀ ਹੁੰਦਾ ਹੈ)।

38760	903	ਅੰਤਰਿ ਅਗਨਿ ਚਿੰਤਾ ਬਹੁ ਜਾਰੇ॥		Anthar Agan Chinthaa Bahu Jaarae ||	The fire of anxiety burns brightly within you.	ਜਿਸ ਮਨੁੱਖ ਨੂੰ ਤ੍ਰਿਸ਼ਨਾ ਤੇ ਚਿੰਤਾ ਦੀ ਅੱਗ ਅੰਦਰੇ ਅੰਦਰ ਸਾੜ ਰਹੀ ਹੋਵੇ,
38761	903	ਵਿਣੁ ਕਰਮਾ ਕੈਸੇ ਉਤਰਸਿ ਪਾਰੇ ॥੫॥		Vin Karamaa Kaisae Outharas Paarae ||5||	Without the karma of good actions, how can you cross over? ||5||	ਉਹ ਪਰਮਾਤਮਾ ਦੀ ਮੇਹਰ ਤੋਂ ਬਿਨਾ (ਅੱਗ ਦੇ ਇਸ ਭਾਂਬੜ ਤੋਂ) ਪਾਰ ਨਹੀਂ ਲੰਘ ਸਕਦਾ ॥੫॥
38762	903	ਮੁੰਦ੍ਰਾ ਫਟਕ ਬਨਾਈ ਕਾਨਿ॥		Mundhraa Fattak Banaaee Kaan ||	You make ear-rings of glass to wear in your ears.	(ਹੇ ਜੋਗੀ!) ਤੂੰ ਕੱਚ ਦੀ ਮੁੰਦ੍ਰਾ ਬਣਾਈ ਹੋਈ ਹੈ ਤੇ ਹਰੇਕ ਕੰਨ ਵਿਚ ਪਾਈ ਹੋਈ ਹੈ,
38763	903	ਮੁਕਤਿ ਨਹੀ ਬਿਦਿਆ ਬਿਗਿਆਨਿ॥	(ਬਿਗਿਆਨਿ)ਹਿਕਮਤ, ਇਲਮ, ਬ੍ਰਹਮਗਿਆਨ। (ਬਿੱਦਿਆ) ਬ੍ਰਹਮਵਿੱਦਿਆ-ਨਹੀ ਦੇਲ੍ਹੀ ਦੀਵਾ	Mukath Nehee Bidhiaa Bigiaan ||	But liberation does not come from learning without understanding.	ਪਰ ਆਤਮਕ ਵਿੱਦਿਆ ਦੀ ਸੂਝ ਤੋਂ ਬਿਨਾ (ਅੰਦਰ ਵੱਸਦੇ ਮਾਇਆ ਦੇ ਮੋਹ ਤੋਂ ਖ਼ਲਾਸੀ ਨਹੀਂ ਹੋ ਸਕਦੀ।
38764	903	ਜਿਹਵਾ ਇੰਦ੍ਰੀ ਸਾਦਿ ਲੁਭਾਨਾ॥		Jihavaa Eindhree Saadh Luobhaanaa ||	You are lured by the tastes of the tongue and sex organs.	ਜੇਹੜਾ ਮਨੁੱਖ ਜੀਭ ਤੇ ਇੰਦ੍ਰੀ ਦੇ ਚਸਕੇ ਵਿਚ ਫਸਿਆ ਹੋਇਆ ਹੋਵੇ (ਉਹ ਵੇਖਣ ਨੂੰ ਤਾਂ ਮਨੁੱਖ ਹੈ,
38765	903	ਪਸੂ ਭਏ ਨਹੀ ਮਿਟੈ ਨੀਸਾਨਾ॥੬॥		Pasoo Bheae Nehee Mittai Neesaanaa ||6||	You have become a beast; this sign cannot be erased. ||6||	ਪਰ ਅਸਲ ਵਿਚ) ਪਸ਼ੂ ਹੈ, (ਬਾਹਰਲੇ ਤਿਆਗੀ ਭੇਖ ਨਾਲ) ਉਸ ਦਾ ਇਹ ਪਸ਼ੂ-ਪੁਣੇ ਦਾ (ਅੰਦਰਲਾ) ਲੱਛਣ ਮਿਟ ਨਹੀਂ ਸਕਦਾ ॥੬॥

38766	903	ਤ੍ਰਿਬਿਧਿ ਲੋਗਾ ਤ੍ਰਿਬਿਧਿ ਜੋਗਾ॥		Thribidhh Logaa Thribidhh Jogaa ||	The people of the world are entangled in the three modes; the Yogis are entangled in the three modes.	(ਹੇ ਜੋਗੀ! ਖਿੰਥਾ ਮੁੰਦ੍ਰਾ ਆਦਿਕ ਨਾਲ ਤਾਂ ਤਿਆਗੀ ਨਹੀਂ ਬਣ ਜਾਈਦਾ। ਸ਼ਬਦ ਤੋਂ ਬਿਨਾ ਜਿਵੇਂ) ਸਾਧਾਰਨ ਜਗਤ ਤ੍ਰੈਗੁਣੀ ਮਾਇਆ ਵਿਚ ਗ੍ਰਸਿਆ ਹੋਇਆ ਹੈ ਤਿਵੇਂ (ਭੇਖਧਾਰੀ) ਜੋਗੀ ਹੈ।
38767	903	ਸਬਦੁ ਵੀਚਾਰੈ ਚੂਕਸਿ ਸੋਗਾ॥		Sabadh Veechaarai Chookas Sogaa ||	Contemplating the Word of the Shabad, sorrows are dispelled.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਵਸਾਂਦਾ ਹੈ, (ਮਾਇਆ ਦੇ ਮੋਹ ਤੋਂ ਪੈਦਾ ਹੋਣ ਵਾਲੀ) ਉਸ ਦੀ ਚਿੰਤਾ ਮਿਟ ਜਾਂਦੀ ਹੈ।
38768	903	ਊਜਲੁ ਸਾਚੁ ਸੁ ਸਬਦੁ ਹੋਇ॥	ਊੱਜਲੁ	Oojal Saach S Sabadh Hoe ||	Through the Shabad, one becomes radiant, pure and truthful.	ਉਹੀ ਮਨੁੱਖ ਪਵਿਤ੍ਰ ਹੋ ਸਕਦਾ ਹੈ ਜਿਸ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਤੇ ਉਸ ਦੀ ਸਿਫ਼ਤ-ਸਾਲਾਹ ਦਾ ਸ਼ਬਦ ਵੱਸਦਾ ਹੈ,
38769	903	ਜੋਗੀ ਜੁਗਤਿ ਵੀਚਾਰੇ ਸੋਇ॥੭॥		Jogee Jugath Veechaarae Soe ||7||	One who contemplates the true lifestyle is a Yogi. ||7||	ਉਹੀ ਅਸਲ ਜੋਗੀ ਹੈ ਉਹੀ ਜੀਵਨ ਦੀ ਜੁਗਤਿ ਨੂੰ ਸਮਝਦਾ ਹੈ ॥੭॥
38770	903	ਤੁਝ ਪਹਿ ਨਉ ਨਿਧਿ ਤੂ ਕਰਣੈ ਜੋਗੁ॥		Thujh Pehi No Nidhh Thoo Karanai Jog ||	The nine treasures are with You, Lord; You are potent, the Cause of causes.	(ਹੇ ਜੋਗੀ!) ਤੂੰ ਸਭ ਕੁਝ ਕਰਣ ਦੇ ਸਮਰੱਥ ਪਰਮਾਤਮਾ ਨੂੰ ਸਿਮਰ, ਸਾਰੀ ਦੁਨੀਆ ਦੀ ਮਾਇਆ ਦਾ ਮਾਲਕ ਉਹ ਪ੍ਰਭੂ ਤੇਰੇ ਅੰਦਰ ਵੱਸਦਾ ਹੈ।

38771	903	ਥਾਪਿ ਉਥਾਪੇ ਕਰੇ ਸੁ ਹੋਗੁ॥		Thhaap Outhhaapae Karae S Hog ||	You establish and disestablish; whatever You do, happens.	ਉਹ ਆਪ ਹੀ ਜਗਤ ਰਚਨਾ ਕਰ ਕੇ ਆਪ ਹੀ ਨਾਸ ਕਰਦਾ ਹੈ, ਜਗਤ ਵਿਚ ਉਹੀ ਕੁਝ ਹੁੰਦਾ ਹੈ ਜੋ ਉਹ ਪ੍ਰਭੂ ਕਰਦਾ ਹੈ।
38772	903	ਜਤੁ ਸਤੁ ਸੰਜਮੁ ਸਚੁ ਸੁ ਚੀਤੁ॥		Jath Sath Sanjam Sach Sucheeth ||	One who practices celibacy, chastity, self-control, truth and pure consciousness	ਉਸੇ ਜੋਗੀ ਦੇ ਅੰਦਰ ਜਤ ਹੈ ਸਤ ਹੈ ਸੰਜਮ ਹੈ ਉਸੇ ਦਾ ਹਿਰਦਾ ਪਵਿਤ੍ਰ ਹੈ ਜਿਸ ਦੇ ਅੰਦਰ ਸਦਾ-ਥਿਰ ਪ੍ਰਭੂ ਵੱਸਦਾ ਹੈ,
38773	903	ਨਾਨਕ ਜੋਗੀ ਤ੍ਰਿਭਵਣ ਮੀਤੁ॥੮॥੨॥		Naanak Jogee Thribhavan Meeth ||8||2||	- O Nanak, that Yogi is the friend of the three worlds. ||8||2||	ਹੇ ਨਾਨਕ! ਉਹ ਜੋਗੀ ਤਿੰਨਾਂ ਭਵਨਾਂ ਦਾ ਮਿੱਤਰ ਹੈ (ਉਸ ਜੋਗੀ ਨੂੰ ਸਾਰਾ ਜਗਤ ਪਿਆਰ ਕਰਦਾ ਹੈ) ॥੮॥੨॥
38774	903	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	
38775	903	ਖਟੁ ਮਟੁ ਦੇਹੀ ਮਨੁ ਬੈਰਾਗੀ॥	ਖਟੁ,ਮਟੁ:ਪੋਲੇ ਬੋਲੋ	Khatt Matt Dhaehee Man Bairaagee ||	Above the six chakras of the body dwells the detached mind.	(ਹੇ ਜੋਗੀ! ਗੁਰੂ ਦੀ ਸਰਨ ਪੈ ਕੇ) ਮੇਰਾ ਖਟ-ਚੱਕ੍ਰੀ ਸਰੀਰ ਹੀ (ਮੇਰੇ ਵਾਸਤੇ) ਮਠ ਬਣ ਗਿਆ ਹੈ ਤੇ (ਇਸ ਮਠ ਵਿਚ ਟਿਕ ਕੇ) ਮੇਰਾ ਮਨ ਵੈਰਾਗੀ ਹੋ ਗਿਆ ਹੈ।
38776	903	ਸੁਰਤਿ ਸਬਦੁ ਧੁਨਿ ਅੰਤਰਿ ਜਾਗੀ॥		Surath Sabadh Dhhun Anthar Jaagee ||	Awareness of the vibration of the Word of the Shabad has been awakened deep within.	ਗੁਰੂ ਦਾ ਸ਼ਬਦ ਮੇਰੀ ਸੁਰਤ ਵਿਚ ਟਿਕ ਗਿਆ ਹੈ, ਪਰਮਾਤਮਾ ਦੇ ਨਾਮ ਦੀ ਲਗਨ ਮੇਰੇ ਅੰਦਰ ਜਾਗ ਪਈ ਹੈ।

38777	903	ਵਾਜੈ ਅਨਹਦੁ ਮੇਰਾ ਮਨੁ ਲੀਣਾ॥		Vaajai Anehadh Maeraa Man Leenaa ||	The unstruck melody of the sound current resonates and resounds within; my mind is attuned to it.	(ਮੇਰੇ ਅੰਦਰ) ਗੁਰੂ ਦਾ ਸ਼ਬਦ ਇਕ-ਰਸ ਪ੍ਰਬਲ ਪ੍ਰਭਾਵ ਪਾ ਰਿਹਾ ਹੈ, ਤੇ ਉਸ ਵਿਚ ਮੇਰਾ ਮਨ ਮਸਤ ਹੋ ਰਿਹਾ ਹੈ।
38778	903	ਗੁਰ ਬਚਨੀ ਸਚਿ ਨਾਮਿ ਪਤੀਣਾ॥੧॥		Gur Bachanee Sach Naam Patheenaa ||1||	Through the Guru's Teachings, my faith is confirmed in the True Name. ||1||	ਗੁਰੂ ਦੀ ਬਾਣੀ ਦੀ ਬਰਕਤਿ ਨਾਲ (ਮੇਰਾ ਮਨ) ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਗਿੱਝ ਗਿਆ ਹੈ ॥੧॥
38779	903	ਪ੍ਰਾਣੀ ਰਾਮ ਭਗਤਿ ਸੁਖੁ ਪਾਈਐ॥		Praanee Raam Bhagath Sukh Paaeeai ||	O mortal, through devotion to the Lord, peace is obtained.	ਹੇ ਪ੍ਰਾਣੀ! ਪਰਮਾਤਮਾ ਦੀ ਭਗਤੀ ਕੀਤਿਆਂ ਹੀ ਆਤਮਕ ਆਨੰਦ ਮਿਲਦਾ ਹੈ।
38780	903	ਗੁਰਮੁਖਿ ਹਰਿ ਹਰਿ ਮੀਠਾ ਲਾਗੈ ਹਰਿ ਹਰਿ ਨਾਮਿ ਸਮਾਈਐ॥੧॥ਰਹਾਉ॥		Guramukh Har Har Meethaa Laagai Har Har Naam Samaaeeai ||1|| Rehaao ||	The Lord, Har, Har, seems sweet to the Gurmukh, who merges in the Name of the Lord, Har, Har. ||1||Pause||	ਗੁਰੂ ਦੀ ਸਰਨ ਪਿਆਂ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ, ਤੇ ਪਰਮਾਤਮਾ ਦੇ ਨਾਮ ਵਿਚ ਲੀਨ ਹੋ ਜਾਈਦਾ ਹੈ ॥੧॥ ਰਹਾਉ ॥
38781	904	ਮਾਇਆ ਮੋਹੁ ਬਿਵਰਜਿ ਸਮਾਏ॥	(ਬਿ-ਵਰਜਿ)ਵਿਸ਼ੇਸ਼ ਕਰਕੇਵਰਜ ਕੇ	Maaeiaa Mohu Bivaraj Samaaeae ||	Eradicating attachment to Maya, one merges into the Lord.	ਉਹ ਮਨੁੱਖ ਮਾਇਆ ਦਾ ਮੋਹ ਰੋਕ ਕੇ ਪ੍ਰਭੂ-ਨਾਮ ਵਿਚ ਲੀਨ ਹੋ ਜਾਂਦਾ ਹੈ,
38782	904	ਸਤਿਗੁਰੁ ਭੇਟੈ ਮੇਲਿ ਮਿਲਾਏ॥		Sathigur Bhaettai Mael Milaaeae ||	Meeting with the True Guru, we unite in His Union.	ਜਿਸ ਮਨੁੱਖ ਨੂੰ ਗੁਰੂ ਮਿਲਦਾ ਹੈ ਗੁਰੂ ਉਸ ਨੂੰ ਸੰਗਤ ਵਿਚ ਮਿਲਾਂਦਾ ਹੈ।

38783	904	ਨਾਮੁ ਰਤਨੁ ਨਿਰਮੋਲਕੁ ਹੀਰਾ॥		Naam Rathan Niramolak Heeraa ||	The Naam, the Name of the Lord, is a priceless jewel, a diamond.	ਪਰਮਾਤਮਾ ਦਾ ਨਾਮ (ਮਾਨੋ, ਇਕ) ਰਤਨ ਹੈ (ਇਕ ਐਸਾ) ਹੀਰਾ ਹੈ ਜਿਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ।
38784	904	ਤਿਤੁ ਰਾਤਾ ਮੇਰਾ ਮਨੁ ਧੀਰਾ॥੨॥		Thith Raathaa Maeraa Man Dhheeraa ||2||	Attuned to it, the mind is comforted and encouraged. ||2||	(ਗੁਰੂ ਦੀ ਸਰਨ ਪੈ ਕੇ) ਮੇਰਾ ਮਨ ਭੀ ਉਸ ਨਾਮ ਵਿਚ ਰੰਗਿਆ ਗਿਆ ਹੈ ਉਸ ਨਾਮ ਵਿਚ ਟਿਕ ਗਿਆ ਹੈ ॥੨॥
38785	904	ਹਉਮੈ ਮਮਤਾ ਰੋਗੁ ਨ ਲਾਗੈ॥		Houmai Mamathaa Rog N Laagai ||	The diseases of egotism and possessiveness do not afflict	(ਉਸ ਨੂੰ) ਹਉਮੈ-ਰੋਗ ਮਾਇਆ ਦੀ ਮਮਤਾ ਦਾ ਰੋਗ (ਮਨ ਨੂੰ) ਨਹੀਂ ਚੰਬੜਦਾ।
38786	904	ਰਾਮ ਭਗਤਿ ਜਮ ਕਾ ਭਉ ਭਾਗੈ॥		Raam Bhagath Jam Kaa Bho Bhaagai ||	One who worships the Lord. Fear of the Messenger of Death runs away.	(ਗੁਰੂ ਦੀ ਰਾਹੀਂ) ਪਰਮਾਤਮਾ ਦੀ ਭਗਤੀ ਕੀਤਿਆਂ ਮੌਤ ਦਾ ਡਰ ਦੂਰ ਹੋ ਜਾਂਦਾ ਹੈ।
38787	904	ਜਮੁ ਜੰਦਾਰੁ ਨ ਲਾਗੈ ਮੋਹਿ॥		Jam Jandhaar N Laagai Mohi ||	The Messenger of Death, the enemy of the soul, does not touch me at all.	(ਗੁਰੂ ਦੀ ਕਿਰਪਾ ਨਾਲ) ਭਿਆਨਕ ਜਮ ਭੀ ਮੈਨੂੰ ਨਹੀਂ ਪੋਂਹਦਾ,
38788	904	ਨਿਰਮਲ ਨਾਮੁ ਰਿਦੈ ਹਰਿ ਸੋਹਿ॥੩॥		Niramal Naam Ridhai Har Sohi ||3||	The Immaculate Name of the Lord illuminates my heart. ||3||	(ਕਿਉਂਕਿ) ਪਰਮਾਤਮਾ ਦਾ ਪਵਿਤ੍ਰ ਨਾਮ ਮੇਰੇ ਹਿਰਦੇ ਵਿਚ ਸੋਭ ਰਿਹਾ ਹੈ ॥੩॥
38789	904	ਸਬਦੁ ਬੀਚਾਰਿ ਭਏ ਨਿਰੰਕਾਰੀ॥		Sabadh Beechaar Bheae Nirankaaree ||	Contemplating the Shabad, we become Nirankaari - we come to belong to the Formless Lord God.	ਗੁਰੂ ਦੇ ਸ਼ਬਦ ਨੂੰ ਸੋਚ-ਮੰਡਲ ਵਿਚ ਟਿਕਾ ਕੇ ਪਰਮਾਤਮਾ ਦੇ ਹੀ (ਸੇਵਕ) ਹੋ ਜਾਈਦਾ ਹੈ।

38790	904	ਗੁਰਮਤਿ ਜਾਗੇ ਦੁਰਮਤਿ ਪਰਹਾਰੀ॥		Guramath Jaagae Dhuramath Parehaaree ||	Awakening to the Guru's Teachings, evil-mindedness is taken away.	ਮਨ ਵਿਚ ਗੁਰੂ ਦੀ ਸਿੱਖਿਆ ਪ੍ਰਬਲ ਹੋ ਜਾਂਦੀ ਹੈ ਤੇ ਭੈੜੀ ਮੱਤ ਦੂਰ ਹੋ ਜਾਂਦੀ ਹੈ।
38791	904	ਅਨ ਦਿਨੁ ਜਾਗਿ ਰਹੇ ਲਿਵ ਲਾਈ॥		Anadhin Jaag Rehae Liv Laaee ||	Remaining awake and aware night and day, lovingly focused on the Lord,	ਜੇਹੜੇ ਮਨੁੱਖ ਪ੍ਰਭੂ-ਚਰਨਾਂ ਵਿਚ ਸੁਰਤ ਜੋੜ ਕੇ ਹਰ ਵੇਲੇ (ਮਾਇਆ ਦੇ ਹੱਲਿਆਂ ਵੱਲੋਂ) ਸੁਚੇਤ ਰਹਿੰਦੇ ਹਨ,
38792	904	ਜੀਵਨ ਮੁਕਤਿ ਗਤਿ ਅੰਤਰਿ ਪਾਈ॥੪॥		Jeevan Mukath Gath Anthar Paaee ||4||	One becomes Jivan Mukta - liberated while yet alive. He finds this state deep within himself. ||4||	ਉਹ ਆਪਣੇ ਅੰਦਰ ਉਹ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲੈਂਦੇ ਹਨ ਜੋ ਮਾਇਆ ਵਿਚ ਵਰਤਦਿਆਂ ਹੀ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਕਰ ਦੇਂਦੀ ਹੈ ॥੪॥
38793	904	ਅਲਿਪਤ ਗੁਫਾ ਮਹਿ ਰਹਹਿ ਨਿਰਾਰੇ॥	ਅ-ਲਿਪਤ। ਰਹ-ਹਿ	Alipath Gufaa Mehi Rehehi Niraarae ||	In the secluded cave, I remain unattached.	(ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ) ਸਰੀਰ-ਗੁਫਾ ਦੇ ਅੰਦਰ ਹੀ ਮਾਇਆ ਤੋਂ ਨਿਰਲੇਪ ਰਹਿੰਦੇ ਹਨ ਮਾਇਆ ਦੇ ਪ੍ਰਭਾਵ ਤੋਂ ਵੱਖਰੇ ਰਹਿੰਦੇ ਹਨ।
38794	904	ਤਸਕਰ ਪੰਚ ਸਬਦਿ ਸੰਘਾਰੇ॥		Thasakar Panch Sabadh Sanghaarae ||	With the Word of the Shabad, I have killed the five thieves.	ਗੁਰੂ ਦੇ ਸ਼ਬਦ ਦੀ ਰਾਹੀਂ ਉਹ ਕਾਮਾਦਿਕ ਪੰਜਾਂ ਚੋਰਾਂ ਨੂੰ ਮਾਰ ਲੈਂਦੇ ਹਨ।
38795	904	ਪਰ ਘਰ ਜਾਇ ਨ ਮਨੁ ਡੋਲਾਏ॥		Par Ghar Jaae N Man Ddolaaeae ||	My mind does not waver or go to the home of any other.	(ਗੁਰੂ ਦੀ ਸਰਨ ਪੈ ਕੇ ਸਿਮਰਨ ਕਰਨ ਵਾਲਾ ਬੰਦਾ) ਆਪਣੇ ਮਨ ਨੂੰ ਪਰਾਏ ਘਰ ਵਲ ਜਾ ਕੇ ਡੋਲਣ ਨਹੀਂ ਦੇਂਦਾ।

38796	904	ਸਹਜ ਨਿਰੰਤਰਿ ਰਹਉ ਸਮਾਏ॥੫॥		Sehaj Niranthar Reho Samaaeae ||5||	I remain intuitively absorbed deep within. ||5||	(ਗੁਰੂ ਦੀ ਕਿਰਪਾ ਨਾਲ ਹੀ ਸਿਮਰਨ ਕਰ ਕੇ) ਮੈਂ ਅਡੋਲ ਆਤਮਕ ਅਵਸਥਾ ਵਿਚ ਇਕ-ਰਸ ਲੀਨ ਰਹਿੰਦਾ ਹਾਂ ॥੫॥
38797	904	ਗੁਰਮੁਖਿ ਜਾਗਿ ਰਹੇ ਅਉਧੂਤਾ॥	ਅਉਧੂੱਤਾ	Guramukh Jaag Rehae Aoudhhoothaa ||	As Gurmukh, I remain awake and aware, unattached.	ਅਸਲ ਤਿਆਗੀ ਉਹੀ ਹੈ ਜੋ ਗੁਰੂ ਦੀ ਸਰਨ ਪੈ ਕੇ (ਸਿਮਰਨ ਦੀ ਰਾਹੀਂ ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ।
38798	904	ਸਦ ਬੈਰਾਗੀ ਤਤੁ ਪਰੋਤਾ॥		Sadh Bairaagee Thath Parothaa ||	Forever detached, I am woven into the essence of reality.	ਜੇਹੜਾ ਮਨੁੱਖ ਜਗਤ ਦੇ ਮੂਲ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਪ੍ਰੋਈ ਰੱਖਦਾ ਹੈ ਉਹ ਸਦਾ (ਮਾਇਆ ਤੋਂ) ਵੈਰਾਗਵਾਨ ਰਹਿੰਦਾ ਹੈ।
38799	904	ਜਗੁ ਸੂਤਾ ਮਰਿ ਆਵੈ ਜਾਇ॥		Jag Soothaa Mar Aavai Jaae ||	The world is asleep; it dies, and comes and goes in reincarnation.	ਜਗਤ ਮਾਇਆ ਦੇ ਮੋਹ ਦੀ ਨੀਂਦ ਵਿਚ (ਪਰਮਾਤਮਾ ਦੀ ਯਾਦ ਵਲੋਂ) ਸੁੱਤਾ ਰਹਿੰਦਾ ਹੈ, ਤੇ, ਆਤਮਕ ਮੌਤ ਸਹੇੜ ਕੇ ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ।
38800	904	ਬਿਨੁ ਗੁਰ ਸਬਦ ਨ ਸੋਝੀ ਪਾਇ॥੬॥		Bin Gur Sabadh N Sojhee Paae ||6||	Without the Word of the Guru's Shabad, it does not understand. ||6||	(ਮਾਇਆ ਦੀ ਨੀਂਦ ਵਿਚ ਸੁੱਤੇ ਪਏ ਨੂੰ) ਗੁਰੂ ਦੇ ਸ਼ਬਦ ਤੋਂ ਬਿਨਾ ਇਹ ਸਮਝ ਹੀ ਨਹੀਂ ਪੈਂਦੀ ॥੬॥
38801	904	ਅਨਹਦ ਸਬਦੁ ਵਜੈ ਦਿਨੁ ਰਾਤੀ॥	ਰੱਾਤੀ	Anehadh Sabadh Vajai Dhin Raathee ||	The unstruck sound current of the Shabad vibrates day and night.	(ਉਸ ਦੇ ਅੰਦਰ) ਗੁਰੂ ਦਾ ਸ਼ਬਦ ਦਿਨ ਰਾਤ ਇਕ-ਰਸ ਪ੍ਰਬਲ ਪ੍ਰਭਾਵ ਪਾਈ ਰੱਖਦਾ ਹੈ,

38802	904	ਅਵਿਗਤ ਕੀ ਗਤਿ ਗੁਰਮੁਖਿ ਜਾਤੀ॥	ਅਵਿ-ਗਤ	Avigath Kee Gath Guramukh Jaathee ||	The Gurmukh knows the state of the eternal, unchanging Lord God.	ਜੋ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ। ਉਸ ਨੂੰ ਅਦ੍ਰਿਸ਼ਟ ਪ੍ਰਭੂ ਦੀ (ਸੇਵਾ-ਭਗਤੀ ਦੀ) ਸੂਝ ਆ ਜਾਂਦੀ ਹੈ ।
38803	904	ਤਉ ਜਾਨੀ ਜਾ ਸਬਦਿ ਪਛਾਨੀ॥		Tho Jaanee Jaa Sabadh Pashhaanee ||	When someone realizes the Shabad, then he truly knows.	ਪਰ ਇਹ ਸੂਝ ਮਨੁੱਖ ਨੂੰ ਤਦੋਂ ਹੀ ਆਉਂਦੀ ਹੈ ਜਦੋਂ ਉਹ ਗੁਰੂ ਦੇ ਸ਼ਬਦ ਦੀ ਰਾਹੀਂ (ਇਹ ਭੇਤ) ਪਛਾਣਦਾ ਹੈ,
38804	904	ਏਕੋ ਰਵਿ ਰਹਿਆ ਨਿਰਬਾਨੀ॥੭॥		Eaeko Rav Rehiaa Nirabaanee ||7||	The One Lord is permeating and pervading everywhere in Nirvaanaa. ||7||	ਕਿ ਵਾਸਨਾ-ਰਹਿਤ ਪ੍ਰਭੂ ਇਹੋ ਜਿਹਾ ਹੈ ਕਿ ਉਹ ਆਪ ਹੀ ਹਰ ਥਾਂ ਵਿਆਪਕ ਹੈ ॥੭॥
38805	904	ਸੁੰਨ ਸਮਾਧਿ ਸਹਜਿ ਮਨੁ ਰਾਤਾ॥		Sunn Samaadhh Sehaj Man Raathaa ||	My mind is intuitively absorbed in the state of deepest Samaadhi;	(ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਭਗਤੀ ਕਰਦਾ ਹੈ ਉਸ ਦਾ) ਮਨ ਉਸ ਇਕਾਗ੍ਰਤਾ ਵਿਚ ਟਿਕਿਆ ਰਹਿੰਦਾ ਹੈ ਜਿਥੇ ਮਾਇਆ ਦੇ ਫੁਰਨਿਆਂ ਵਲੋਂ ਸਦਾ ਸੁੰਞ ਰਹਿੰਦੀ ਹੈ ਤੇ ਅਡੋਲ ਆਤਮਕ ਅਵਸਥਾ (ਦੇ ਰੰਗ) ਵਿਚ ਰੰਗਿਆ ਜਾਂਦਾ ਹੈ।
38806	904	ਤਜਿ ਹਉ ਲੋਭਾ ਏਕੋ ਜਾਤਾ॥		Thaj Ho Lobhaa Eaeko Jaathaa ||	Renouncing egotism and greed, I have come to know the One Lord.	ਹਉਮੈ ਤੇ ਲੋਭ ਨੂੰ ਤਿਆਗ ਕੇ ਉਹ ਮਨੁੱਖ ਇਕ ਪਰਮਾਤਮਾ ਨਾਲ ਹੀ ਡੂੰਘੀ ਸਾਂਝ ਪਾਈ ਰੱਖਦਾ ਹੈ।

38807	904	ਗੁਰ ਚੇਲੇ ਅਪਨਾ ਮਨੁ ਮਾਨਿਆ॥		Gur Chaelae Apanaa Man Maaniaa ||	When the disciple's mind accepts the Guru,	ਗੁਰੂ ਦੀ ਸਰਨ ਪਏ ਹੋਏ ਸਿੱਖ ਦਾ ਆਪਣਾ ਮਨ ਗੁਰੂ ਦੀ ਸਿੱਖਿਆ ਵਿਚ ਪਤੀਜ ਜਾਂਦਾ ਹੈ,
38808	904	ਨਾਨਕ ਦੂਜਾ ਮੇਟਿ ਸਮਾਨਿਆ॥੮॥੩॥		Naanak Dhoojaa Maett Samaaniaa ||8||3||	O Nanak, duality is eradicated, and he merges in the Lord. ||8||3||	ਹੇ ਨਾਨਕ! ਉਹ ਪਰਮਾਤਮਾ ਤੋਂ ਬਿਨਾ ਹੋਰ ਝਾਕ ਮਿਟਾ ਕੇ ਪਰਮਾਤਮਾ ਵਿਚ ਹੀ ਲੀਨ ਰਹਿੰਦਾ ਹੈ ॥੮॥੩॥
38809	904	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	
38810	904	ਸਾਹਾ ਗਣਹਿ ਨ ਕਰਹਿ ਬੀਚਾਰੁ॥		Saahaa Ganehi N Karehi Beechaar ||	You calculate the auspicious days, but you do not understand	ਹੇ ਪੰਡਿਤ! ਤੂੰ (ਵਿਆਹ ਆਦਿਕ ਸਮਿਆਂ ਤੇ ਜਜਮਾਨਾਂ ਵਾਸਤੇ) ਸਭ ਲਗਨ ਮੁਹੂਰਤ ਗਿਣਦਾ ਹੈਂ, ਪਰ ਤੂੰ ਇਹ ਵਿਚਾਰ ਨਹੀਂ ਕਰਦਾ,
38811	904	ਸਾਹੇ ਊਪਰਿ ਏਕੰਕਾਰੁ॥		Saahae Oopar Eaekankaar ||	That the One Creator Lord is above these auspicious days.	ਕਿ ਸ਼ੁਭ ਸਮਾਂ ਬਣਾਣ ਨਾਹ ਬਣਾਣ ਵਾਲਾ ਪਰਮਾਤਮਾ (ਆਪ) ਹੈ।
38812	904	ਜਿਸੁ ਗੁਰੁ ਮਿਲੈ ਸੋਈ ਬਿਧਿ ਜਾਣੈ॥	ਬਿਧਿ:ਪੋਲਾ ਬੋਲੋ	Jis Gur Milai Soee Bidhh Jaanai ||	He alone knows the way, who meets the Guru.	ਜਿਸ ਮਨੁੱਖ ਨੂੰ ਗੁਰੂ ਮਿਲ ਪਏ ਉਹ ਜਾਣਦਾ ਹੈ (ਕਿ ਵਿਆਹ ਆਦਿਕ ਦਾ ਸਮਾ ਕਿਸ) ਢੰਗ (ਨਾਲ ਸ਼ੁਭ ਬਣ ਸਕਦਾ ਹੈ)।

38813	904	ਗੁਰਮਤਿ ਹੋਇ ਤ ਹੁਕਮੁ ਪਛਾਣੈ॥੧॥		Guramath Hoe Th Hukam Pashhaanai ||1||	When one follows the Guru's Teachings, then he realizes the Hukam of God's Command. ||1||	ਜਦੋਂ ਮਨੁੱਖ ਨੂੰ ਗੁਰੂ ਦੀ ਸਿੱਖਿਆ ਪ੍ਰਾਪਤ ਹੋ ਜਾਏ ਤਦੋਂ ਉਹ ਪਰਮਾਤਮਾ ਦੀ ਰਜ਼ਾ ਨੂੰ ਸਮਝ ਲੈਂਦਾ ਹੈ (ਤੇ ਰਜ਼ਾ ਨੂੰ ਸਮਝਣਾ ਹੀ ਸ਼ੁਭ ਮੁਹੂਰਤ ਦਾ ਮੂਲ ਹੈ) ॥੧॥
38814	904	ਝੂਠੁ ਨ ਬੋਲਿ ਪਾਡੇ ਸਚੁ ਕਹੀਐ॥	ਪਾਂਡੇ	Jhooth N Bol Paaddae Sach Keheeai ||	Do not tell lies, O Pandit; O religious scholar, speak the Truth.	ਹੇ ਪੰਡਿਤ! (ਆਪਣੀ ਆਜੀਵਕਾ ਦੀ ਖ਼ਾਤਰ ਜਜਮਾਨਾਂ ਨੂੰ ਪਤਿ-ਆਉਣ ਵਾਸਤੇ ਵਿਆਹ ਆਦਿਕ ਸਮਿਆਂ ਦੇ ਸ਼ੁਭ ਮੁਹੂਰਤ ਲੱਭਣ ਦਾ) ਝੂਠ ਨਾਹ ਬੋਲ। ਸੱਚ ਬੋਲਣਾ ਚਾਹੀਦਾ ਹੈ।
38815	904	ਹਉਮੈ ਜਾਇ ਸਬਦਿ ਘਰੁ ਲਹੀਐ॥੧॥ਰਹਾਉ॥		Houmai Jaae Sabadh Ghar Leheeai ||1|| Rehaao ||	When egotism is eradicated through the Word of the Shabad, then one finds His home. ||1||Pause||	ਜਦੋਂ ਗੁਰੂ ਦੇ ਸ਼ਬਦ ਵਿਚ ਜੁੜ ਕੇ (ਅੰਦਰ ਦੀ) ਹਉਮੈ ਦੂਰ ਹੋ ਜਾਂਦੀ ਹੈ ਤਦੋਂ ਉਹ ਘਰ ਲੱਭ ਪੈਂਦਾ ਹੈ (ਜਿਥੋਂ ਆਤਮਕ ਤੇ ਸੰਸਾਰਕ ਸਾਰੇ ਪਦਾਰਥ ਮਿਲਦੇ ਹਨ) ॥੧॥ ਰਹਾਉ ॥
38816	904	ਗਣਿ ਗਣਿ ਜੋਤਕੁ ਕਾਂਡੀ ਕੀਨੀ॥	(ਜੋਤਕੁ)ਜੋਤਸ਼-ਵਿੱਦਿਆ। ਕਾਂਡੀਜਨਮ ਪਤ੍ਰੀ	Gan Gan Jothak Kaanddee Keenee ||	Calculating and counting, the astrologer draws the horoscope.	(ਪੰਡਿਤ) ਜੋਤਸ਼ (ਦੇ ਲੇਖੇ) ਗਿਣ ਗਿਣ ਕੇ (ਕਿਸੇ ਜਜਮਾਨ ਦੇ ਪੁੱਤਰ ਦੀ) ਜਨਮ ਪੱਤ੍ਰੀ ਬਣਾਂਦਾ ਹੈ।
38817	904	ਪੜੈ ਸੁਣਾਵੈ ਤਤੁ ਨ ਚੀਨੀ॥		Parrai Sunaavai Thath N Cheenee ||	He studies it and announces it, but he does not understand reality.	(ਜੋਤਸ਼ ਦਾ ਹਿਸਾਬ ਆਪ) ਪੜ੍ਹਦਾ ਹੈ ਤੇ (ਜਜਮਾਨ ਨੂੰ) ਸੁਣਾਂਦਾ ਹੈ ਪਰ ਅਸਲੀਅਤ ਨੂੰ ਨਹੀਂ ਪਛਾਣਦਾ।

38818	904	ਸਭਸੈ ਊਪਰਿ ਗੁਰ ਸਬਦੁ ਬੀਚਾਰੁ॥		Sabhasai Oopar Gur Sabadh Beechaar ||	Understand, that the Word of the Guru's Shabad is above all.	(ਸ਼ੁਭ ਮੁਹੂਰਤ ਆਦਿਕ ਦੀਆਂ) ਸਾਰੀਆਂ ਵਿਚਾਰਾਂ ਤੋਂ ਸ੍ਰੇਸ਼ਟ ਵਿਚਾਰ ਇਹ ਹੈ ਕਿ ਮਨੁੱਖ ਗੁਰੂ ਦੇ ਸ਼ਬਦ ਨੂੰ ਮਨ ਵਿਚ ਵਸਾਏ।
38819	904	ਹੋਰ ਕਥਨੀ ਬਦਉ ਨ ਸਗਲੀ ਛਾਰੁ॥੨॥	ਬਦਉ:ਕਥਨ ਕਰਦੇ (੨ ਬਦਉਨ)	Hor Kathhanee Badho N Sagalee Shhaar ||2||	Do not speak of anything else; it is all just ashes. ||2||	ਮੈਂ (ਗੁਰ-ਸ਼ਬਦ ਦੇ ਟਾਕਰੇ ਤੇ ਸ਼ੁਭ ਮੁਹੂਰਤ ਤੇ ਜਨਮ-ਪੱਤ੍ਰੀ ਆਦਿਕ ਦੀ ਕਿਸੇ) ਹੋਰ ਗੱਲ ਦੀ ਪਰਵਾਹ ਨਹੀਂ ਕਰਦਾ, ਹੋਰ ਸਾਰੀਆਂ ਵਿਚਾਰਾਂ ਵਿਅਰਥ ਹਨ ॥੨॥
38820	904	ਨਾਵਹਿ ਧੋਵਹਿ ਪੂਜਹਿ ਸੈਲਾ॥		Naavehi Dhhovehi Poojehi Sailaa ||	You bathe, wash, and worship stones.	(ਹੇ ਪੰਡਿਤ!) ਤੂੰ (ਤੀਰਥ ਆਦਿਕ ਤੇ) ਇਸ਼ਨਾਨ ਕਰਦਾ ਹੈਂ (ਸਰੀਰ ਮਲ ਮਲ ਕੇ) ਧੋਂਦਾ ਹੈਂ, ਤੇ ਪੱਥਰ (ਦੇ ਦੇਵੀ ਦੇਵਤੇ) ਪੂਜਦਾ ਹੈਂ,
38821	904	ਬਿਨੁ ਹਰਿ ਰਾਤੇ ਮੈਲੋ ਮੈਲਾ॥		Bin Har Raathae Mailo Mailaa ||	But without being imbued with the Lord, you are the filthiest of the filthy.	ਪਰ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਣ ਤੋਂ ਬਿਨਾ (ਮਨ ਵਿਕਾਰਾਂ ਨਾਲ) ਸਦਾ ਮੈਲਾ ਰਹਿੰਦਾ ਹੈ।
38822	904	ਗਰਬੁ ਨਿਵਾਰਿ ਮਿਲੈ ਪ੍ਰਭੁ ਸਾਰਥਿ॥		Garab Nivaar Milai Prabh Saarathh ||	Subduing your pride, you shall receive the supreme wealth of God.	(ਹੇ ਪੰਡਿਤ! ਨਾਮ ਜਪ ਕੇ) ਅਹੰਕਾਰ ਦੂਰ ਕੀਤਿਆਂ (ਜੀਵਨ ਰਥ ਦਾ) ਰਥਵਾਹੀ ਪ੍ਰਭੂ ਮਿਲ ਪੈਂਦਾ ਹੈ।
38823	904	ਮੁਕਤਿ ਪ੍ਰਾਨ ਜਪਿ ਹਰਿ ਕਿਰਤਾਰਥਿ॥੩॥	ਕਿਰਤਾਰ–ਥਿ	Mukath Praan Jap Har Kirathaarathh ||3||	The mortal is liberated and emancipated, meditating on the Lord. ||3||	(ਤਾਂ ਤੇ) ਜਿੰਦ ਨੂੰ ਵਿਕਾਰਾਂ ਤੋਂ ਖ਼ਲਾਸੀ ਦਿਵਾਣ ਵਾਲੇ ਤੇ ਜੀਵਨ ਸਫਲਾ ਕਰਨ ਵਾਲੇ ਪਰਮਾਤਮਾ ਦਾ ਨਾਮ ਜਪ ॥੩॥

38824	904	ਵਾਚੈ ਵਾਦੁ ਨ ਬੇਦੁ ਬੀਚਾਰੈ॥		Vaachai Vaadh N Baedh Beechaarai ||	You study the arguments, but do not contemplate the Vedas.	(ਪੰਡਿਤ) ਵੇਦ (ਆਦਿਕ ਧਰਮ-ਪੁਸਤਕਾਂ) ਨੂੰ (ਜੀਵਨ ਦੀ ਅਗਵਾਈ ਵਾਸਤੇ) ਨਹੀਂ ਵਿਚਾਰਦਾ, (ਅਰਥ ਤੇ ਕਰਮ ਕਾਂਡ ਆਦਿਕ ਦੀ) ਬਹਿਸ ਨੂੰ ਹੀ ਪੜ੍ਹਦਾ ਹੈ।
38825	904	ਆਪਿ ਡੁਬੈ ਕਿਉ ਪਿਤਰਾ ਤਾਰੈ॥	ਡੁੱਬੈ ਪਿੱਤਰਾਂ	Aap Ddubai Kio Pitharaa Thaarai ||	You drown yourself - how will you save your ancestors?	(ਇਸ ਤਰ੍ਹਾਂ ਸੰਸਾਰ-ਸਮੁੰਦਰ ਦੀਆਂ ਵਿਕਾਰ-ਲਹਿਰਾਂ ਵਿਚ ਡੁੱਬਾ ਰਹਿੰਦਾ ਹੈ), ਜੇਹੜਾ ਮਨੁੱਖ ਆਪ ਡੁੱਬਿਆ ਰਹੇ ਉਹ ਆਪਣੇ (ਬੀਤ ਚੁਕੇ) ਬਜ਼ੁਰਗਾਂ ਨੂੰ (ਸੰਸਾਰ-ਸਮੁੰਦਰ ਵਿਚੋਂ) ਕਿਵੇਂ ਪਾਰ ਲੰਘਾ ਸਕਦਾ ਹੈ?
38826	904	ਘਟਿ ਘਟਿ ਬ੍ਰਹਮੁ ਚੀਨੈ ਜਨੁ ਕੋਇ॥		Ghatt Ghatt Breham Cheenai Jan Koe ||	How rare is that person who realizes that God is in each and every heart.	ਕੋਈ ਵਿਰਲਾ ਮਨੁੱਖ ਪਛਾਣਦਾ ਹੈ ਕਿ ਪਰਮਾਤਮਾ ਹਰੇਕ ਸਰੀਰ ਵਿਚ ਮੌਜੂਦ ਹੈ।
38827	904	ਸਤਿਗੁਰੁ ਮਿਲੈ ਤ ਸੋਝੀ ਹੋਇ॥੪॥		Sathigur Milai Th Sojhee Hoe ||4||	When one meets the True Guru, then he understands. ||4||	ਜਿਸ ਮਨੁੱਖ ਨੂੰ ਗੁਰੂ ਮਿਲ ਪਏ, ਉਸ ਨੂੰ ਇਹ ਸਮਝ ਆਉਂਦੀ ਹੈ ॥੪॥
38828	904	ਗਣਤ ਗਣੀਐ ਸਹਸਾ ਦੁਖੁ ਜੀਐ॥		Ganath Ganeeai Sehasaa Dhukh Jeeai ||	Making his calculations, cynicism and suffering afflict his soul.	ਜਿਉਂ ਜਿਉਂ ਸ਼ੁਭ ਅਸ਼ੁਭ ਮੁਹੂਰਤਾਂ ਦੇ ਲੇਖੇ ਗਿਣਦੇ ਰਹੀਏ ਤਿਉਂ ਤਿਉਂ ਜਿੰਦ ਨੂੰ ਸਦਾ ਸਹਿਮ ਦਾ ਰੋਗ ਲੱਗਾ ਰਹਿੰਦਾ ਹੈ।
38829	904	ਗੁਰ ਕੀ ਸਰਣਿ ਪਵੈ ਸੁਖੁ ਥੀਐ॥		Gur Kee Saran Pavai Sukh Thheeai ||	Seeking the Sanctuary of the Guru, peace is found.	ਜਦੋਂ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਤਦੋਂ ਇਸ ਨੂੰ ਆਤਮਕ ਆਨੰਦ ਮਿਲਦਾ ਹੈ।

38830	904	ਕਰਿ ਅਪਰਾਧ ਸਰਣਿ ਹਮ ਆਇਆ॥		Kar Aparaadhh Saran Ham Aaeiaa ||	I sinned and made mistakes, but now I seek Your Sanctuary.	ਪਾਪ ਅਪਰਾਧ ਕਰ ਕੇ ਭੀ ਜਦੋਂ ਅਸੀਂ ਪਰਮਾਤਮਾ ਦੀ ਸਰਨ ਆਉਂਦੇ ਹਾਂ,
38831	904	ਗੁਰ ਹਰਿ ਭੇਟੇ ਪੁਰਬਿ ਕਮਾਇਆ॥੫॥		Gur Har Bhaettae Purab Kamaaeiaa ||5||	The Guru led me to meet the Lord, according to my past actions. ||5||	ਤਾਂ ਪਰਮਾਤਮਾ ਸਾਡੇ ਪੂਰਬਲੇ ਕਰਮਾਂ ਅਨੁਸਾਰ ਗੁਰੂ ਨੂੰ ਮਿਲਾ ਦੇਂਦਾ ਹੈ (ਤੇ ਗੁਰੂ ਸਹੀ ਜੀਵਨ-ਰਾਹ ਵਿਖਾਂਦਾ ਹੈ) ॥੫॥
38832	904	ਗੁਰ ਸਰਣਿ ਨ ਆਈਐ ਬ੍ਰਹਮੁ ਨ ਪਾਈਐ॥		Gur Saran N Aaeeai Breham N Paaeeai ||	If one does not enter the Guru's Sanctuary, God cannot be found.	ਜਦੋਂ ਤਕ ਗੁਰੂ ਦੀ ਸਰਨ ਨਾਹ ਆਵੀਏ ਤਦ ਤਕ ਪਰਮਾਤਮਾ ਨਹੀਂ ਮਿਲਦਾ,
38833	904	ਭਰਮਿ ਭੁਲਾਈਐ ਜਨਮਿ ਮਰਿ ਆਈਐ॥		Bharam Bhulaaeeai Janam Mar Aaeeai ||	Deluded by doubt, one is born, only to die, and come back again.	ਭਟਕਣਾ ਵਿਚ ਕੁਰਾਹੇ ਪੈ ਕੇ ਆਤਮਕ ਮੌਤ ਸਹੇੜ ਕੇ ਮੁੜ ਮੁੜ ਜਨਮ ਵਿਚ ਆਉਂਦੇ ਰਹੀਦਾ ਹੈ।
38834	904	ਜਮ ਦਰਿ ਬਾਧਉ ਮਰੈ ਬਿਕਾਰੁ॥		Jam Dhar Baadhho Marai Bikaar ||	Dying in corruption, he is bound and gagged at Death's door.	(ਗੁਰੂ ਦੀ ਸਰਨ ਤੋਂ ਬਿਨਾ ਜੀਵ) ਜਮ ਦੇ ਦਰ ਤੇ ਬੱਧਾ ਹੋਇਆ ਵਿਅਰਥ ਹੀ ਆਤਮਕ ਮੌਤੇ ਮਰਦਾ ਹੈ,
38835	904	ਨਾ ਰਿਦੈ ਨਾਮੁ ਨ ਸਬਦੁ ਅਚਾਰੁ॥੬॥		Naa Ridhai Naam N Sabadh Achaar ||6||	The Naam, the Name of the Lord, is not in his heart, and he does not act according to the Shabad. ||6||	ਉਸ ਦੇ ਹਿਰਦੇ ਵਿਚ ਨਾਹ ਪ੍ਰਭੂ ਦਾ ਨਾਮ ਵੱਸਦਾ ਹੈ ਨਾਹ ਗੁਰੂ ਦਾ ਸ਼ਬਦ ਵੱਸਦਾ ਹੈ, ਨਾਹ ਹੀ ਉਸ ਦਾ ਚੰਗਾ ਆਚਰਨ ਬਣਦਾ ਹੈ ॥੬॥

38836	904	ਇਕਿ ਪਾਧੇ ਪੰਡਿਤ ਮਿਸਰ ਕਹਾਵਹਿ॥		Eik Paadhhae Panddith Misar Kehaavehi ||	Some call themselves Pandits, religious scholars and spiritual teachers.	ਅਨੇਕਾਂ (ਕੁਲੀਨ ਤੇ ਵਿਦਵਾਨ ਬ੍ਰਾਹਮਣ) ਆਪਣੇ ਆਪ ਨੂੰ ਪਾਂਧੇ ਪੰਡਿਤ ਮਿਸਰ ਅਖਵਾਂਦੇ ਹਨ,
38837	904	ਦੁਬਿਧਾ ਰਾਤੇ ਮਹਲੁ ਨ ਪਾਵਹਿ॥		Dhubidhhaa Raathae Mehal N Paavehi ||	Tinged with double-mindedness, they do not find the Mansion of the Lord's Presence.	ਪਰ ਪਰਮਾਤਮਾ ਤੋਂ ਬਿਨਾ ਹੋਰ ਹੋਰ ਆਸਰੇ ਦੀ ਝਾਕ ਵਿਚ ਗ਼ਲਤਾਨ ਰਹਿੰਦੇ ਹਨ, ਪਰਮਾਤਮਾ ਦਾ ਦਰ-ਘਰ ਨਹੀਂ ਲੱਭ ਸਕਦੇ।
38838	905	ਜਿਸੁ ਗੁਰ ਪਰਸਾਦੀ ਨਾਮੁ ਅਧਾਰੁ॥		Jis Gur Parasaadhee Naam Adhhaar ||	One who takes the Support of the Naam, by Guru's Grace,	ਜਿਸ ਮਨੁੱਖ ਨੂੰ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ ਜ਼ਿੰਦਗੀ ਦਾ ਆਸਰਾ ਮਿਲ ਗਿਆ ਹੈ,
38839	905	ਕੋਟਿ ਮਧੇ ਕੋ ਜਨੁ ਆਪਾਰੁ॥੭॥		Kott Madhhae Ko Jan Aapaar ||7||	Is a rare person, one among millions, incomparable. ||7||	(ਉਹ) ਕ੍ਰੋੜਾਂ ਵਿਚੋਂ ਕੋਈ ਉਹ ਬੰਦਾ ਅਦੁਤੀ ਹੈ ॥੭॥
38840	905	ਏਕੁ ਬੁਰਾ ਭਲਾ ਸਚੁ ਏਕੈ॥		Eaek Buraa Bhalaa Sach Eaekai ||	One is bad, and another good, but the One True Lord is contained in all.	ਹੇ ਪੰਡਿਤ! (ਜਗਤ ਵਿਚ) ਚਾਹੇ ਕੋਈ ਭਲਾ ਹੈ ਚਾਹੇ ਬੁਰਾ ਹੈ ਹਰੇਕ ਵਿਚ ਸਦਾ-ਥਿਰ ਪ੍ਰਭੂ ਹੀ ਮੌਜੂਦ ਹੈ।
38841	905	ਬੂਝੁ ਗਿਆਨੀ ਸਤਗੁਰ ਕੀ ਟੇਕੈ॥		Boojh Giaanee Sathagur Kee Ttaekai ||	Understand this, O spiritual teacher, through the support of the True Guru:	ਜੇ ਤੂੰ ਗਿਆਨਵਾਨ ਬਣਨਾ ਹੈ ਤਾਂ ਗੁਰੂ ਦਾ ਆਸਰਾ-ਪਰਨਾ ਲੈ ਕੇ ਇਹ ਗੱਲ ਸਮਝ ਲੈ।

38842	905	ਗੁਰਮੁਖਿ ਵਿਰਲੀ ਏਕੋ ਜਾਣਿਆ॥		Guramukh Viralee Eaeko Jaaniaa ||	Rare indeed is that Gurmukh, who realizes the One Lord.	ਉਹਨਾਂ ਵਿਰਲੇ ਬੰਦਿਆਂ ਨੇ ਹਰ ਥਾਂ ਇਕ ਪਰਮਾਤਮਾ ਨੂੰ ਹੀ ਵਿਆਪਕ ਸਮਝਿਆ ਹੈ ਜੇਹੜੇ ਗੁਰੂ ਦੀ ਸਰਨ ਪਏ ਹਨ।
38843	905	ਆਵਣੁ ਜਾਣਾ ਮੇਟਿ ਸਮਾਣਿਆ॥੮॥		Aavan Jaanaa Maett Samaaniaa ||8||	His comings and goings cease, and he merges in the Lord. ||8||	(ਗੁਰ-ਸਰਨ ਦੀ ਬਰਕਤਿ ਨਾਲ) ਉਹ ਆਪਣਾ ਜਨਮ ਮਰਨ ਮਿਟਾ ਕੇ ਪ੍ਰਭੂ-ਚਰਨਾਂ ਵਿਚ ਲੀਨ ਰਹਿੰਦੇ ਹਨ ॥੮॥
38844	905	ਜਿਨ ਕੈ ਹਿਰਦੈ ਏਕੰਕਾਰੁ॥		Jin Kai Hiradhai Eaekankaar ||	Those who have the One Universal Creator Lord within their hearts,	(ਗੁਰੂ ਦੀ ਕਿਰਪਾ ਨਾਲ) ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਇਕ ਪਰਮਾਤਮਾ ਵੱਸਦਾ ਹੈ,
38845	905	ਸਰਬ ਗੁਣੀ ਸਾਚਾ ਬੀਚਾਰੁ॥		Sarab Gunee Saachaa Beechaar ||	Possess all virtues; they contemplate the True Lord.	ਸਾਰੇ ਜੀਵਾਂ ਦਾ ਮਾਲਕ ਸਦਾ-ਥਿਰ ਪ੍ਰਭੂ ਉਹਨਾਂ ਦੀ ਸੁਰਤ ਦਾ ਸਦਾ ਨਿਸ਼ਾਨਾ ਬਣਿਆ ਰਹਿੰਦਾ ਹੈ।
38846	905	ਗੁਰ ਕੈ ਭਾਣੈ ਕਰਮ ਕਮਾਵੈ॥		Gur Kai Bhaanai Karam Kamaavai ||	One who acts in harmony with the Guru's Will,	ਜੇਹੜਾ ਮਨੁੱਖ ਗੁਰੂ ਦੀ ਰਜ਼ਾ ਵਿਚ ਤੁਰ ਕੇ (ਆਪਣੇ) ਸਾਰੇ ਕੰਮ ਕਰਦਾ ਹੈ (ਤੇ ਸ਼ੁਭ ਅਸ਼ੁਭ ਮੁਹੂਰਤਾਂ ਦੇ ਭਰਮ ਵਿਚ ਨਹੀਂ ਪੈਂਦਾ),
38847	905	ਨਾਨਕ ਸਾਚੇ ਸਾਚਿ ਸਮਾਵੈ॥੯॥੪॥		Naanak Saachae Saach Samaavai ||9||4||	O Nanak, is absorbed in the Truest of the True. ||9||4||	ਹੇ ਨਾਨਕ! ਉਹ ਸਦਾ-ਥਿਰ ਪਰਮਾਤਮਾ ਵਿਚ ਲੀਨ ਰਹਿੰਦਾ ਹੈ (ਤੇ ਉਸ ਨੂੰ ਆਤਮਕ ਤੇ ਸੰਸਾਰਕ ਪਦਾਰਥ ਉਸ ਦਰ ਤੋਂ ਮਿਲਦੇ ਰਹਿੰਦੇ ਹਨ) ॥੯॥੪॥

38848	905	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	
38849	905	ਹਠੁ ਨਿਗ੍ਰਹੁ ਕਰਿ ਕਾਇਆ ਛੀਜੈ॥	(ਨਿਗ੍ਰਹੁ)ਇੰਦ੍ਰੇ ਰੋਕਣੇ। ਹਠੁ:ਪੋਲਾ ਬੋਲੋ	Hath Nigrahu Kar Kaaeiaa Shheejai ||	Practicing restraint by Hatha Yoga, the body wears away.	ਮਨ ਨੂੰ ਇਕਾਗ੍ਰਰ ਕਰਨ ਵਾਸਤੇ ਧੱਕੇ ਨਾਲ ਸਰੀਰ ਨੂੰ ਔਖਿਆਂ ਕੀਤਿਆਂ, ਮਨ ਦੇ ਫੁਰਨਿਆਂ ਨੂੰ ਬਦੋ ਬਦੀ ਰੋਕਣ ਦੇ ਜਤਨ ਕਰਨ ਨਾਲ, ਸਰੀਰ ਹੀ ਦੁਖੀ ਹੁੰਦਾ ਹੈ।
38850	905	ਵਰਤੁ ਤਪਨੁ ਕਰਿ ਮਨੁ ਨਹੀ ਭੀਜੈ॥		Varath Thapan Kar Man Nehee Bheejai ||	The mind is not softened by fasting or austerities.	ਵਰਤ ਰੱਖਣ ਨਾਲ, ਤਪ ਤਪਣ ਨਾਲ (ਇਹਨਾਂ ਕਸ਼ਟਾਂ ਦਾ) ਮਨ ਉਤੇ ਅਸਰ ਨਹੀਂ ਪੈਂਦਾ।
38851	905	ਰਾਮ ਨਾਮ ਸਰਿ ਅਵਰੁ ਨ ਪੂਜੈ॥੧॥	ਪੂੱਜੈ	Raam Naam Sar Avar N Poojai ||1||	Nothing else is equal to worship of the Lord's Name. ||1||	(ਹਠ ਨਾਲ ਕੀਤਾ ਹੋਇਆ) ਕੋਈ ਭੀ ਕਰਮ ਪਰਮਾਤਮਾ ਦਾ ਨਾਮ ਸਿਮਰਨ ਦੀ ਬਰਾਬਰੀ ਨਹੀਂ ਕਰ ਸਕਦਾ ॥੧॥
38852	905	ਗੁਰੁ ਸੇਵਿ ਮਨਾ ਹਰਿ ਜਨ ਸੰਗੁ ਕੀਜੈ॥		Gur Saev Manaa Har Jan Sang Keejai ||	Serve the Guru, O mind, and associate with the humble servants of the Lord.	ਹੇ (ਮੇਰੇ) ਮਨ! ਗੁਰੂ ਦੀ (ਦੱਸੀ) ਸੇਵਾ ਕਰ, ਤੇ ਸੰਤ ਜਨਾਂ ਦੀ ਸੰਗਤ ਕਰ,

38853	905	ਜਮੁ ਜੰਦਾਰੁ ਜੋਹਿ ਨਹੀ ਸਾਕੈ ਸਰਪਨਿ ਡਸਿ ਨ ਸਕੈ ਹਰਿ ਕਾ ਰਸੁ ਪੀਜੈ॥੧॥ਰਹਾਉ॥	(ਜੰਦਾਰੁ)ਚੰਡਾਲ। (ਸਰਪਨਿ) ਮਾਇਆ, ਡੱਸਿ	Jam Jandhaar Johi Nehee Saakai Sarapan Ddas N Sakai Har Kaa Ras Peejai ||1|| Rehaao ||	The tyrannical Messenger of Death cannot touch you, and the serpent of Maya cannot sting you, when you drink in the sublime essence of the Lord. ||1||Pause||	ਪਰਮਾਤਮਾ ਦੇ ਨਾਮ ਦਾ ਰਸ ਪੀ, (ਇਸ ਤਰ੍ਹਾਂ) ਭਿਆਨਕ ਜਮ ਪੋਹ ਨਹੀਂ ਸਕੇਗਾ ਅਤੇ ਮਾਇਆ-ਸਪਣੀ (ਮੋਹ ਦਾ) ਡੰਗ ਮਾਰ ਨਹੀਂ ਸਕੇਗੀ ॥੧॥ ਰਹਾਉ ॥
38854	905	ਵਾਦੁ ਪੜੈ ਰਾਗੀ ਜਗੁ ਭੀਜੈ॥		Vaadh Parrai Raagee Jag Bheejai ||	The world reads the arguments, and is softened only by music.	ਜਗਤ ਧਾਰਮਿਕ ਚਰਚਾ (ਦੇ ਪੁਸਤਕ) ਪੜ੍ਹਦਾ ਹੈ, ਦੁਨੀਆ ਦੇ ਰੰਗ-ਤਮਾਸ਼ਿਆਂ ਵਿਚ ਹੀ ਖ਼ੁਸ਼ ਰਹਿੰਦਾ ਹੈ,
38855	905	ਤ੍ਰੈ ਗੁਣ ਬਿਖਿਆ ਜਨਮਿ ਮਰੀਜੈ॥		Thrai Gun Bikhiaa Janam Mareejai ||	In the three modes and corruption, they are born and die.	ਤੇ ਤ੍ਰੈ-ਗੁਣੀ ਮਾਇਆ ਦੇ ਮੋਹ ਵਿਚ ਫਸ ਕੇ ਜਨਮ ਮਰਨ ਦੇ ਗੇੜ ਵਿਚ ਪੈਂਦਾ ਹੈ (ਉਂਞ ਇਸ ਚਰਚਾ ਆਦਿਕ ਨੂੰ ਧਾਰਮਿਕ ਕੰਮ ਸਮਝਦਾ ਹੈ)।
38856	905	ਰਾਮ ਨਾਮ ਬਿਨੁ ਦੂਖੁ ਸਹੀਜੈ॥੨॥		Raam Naam Bin Dhookh Seheejai ||2||	Without the Lord's Name, they endure suffering and pain. ||2||	ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਦੁੱਖ ਹੀ ਸਹਾਰਨਾ ਪੈਂਦਾ ਹੈ ॥੨॥
38857	905	ਚਾੜਸਿ ਪਵਨੁ ਸਿੰਘਾਸਨੁ ਭੀਜੈ॥	(ਸਿੰਘਾਸਨੁ)ਨਿਰਗੁਨ ਬ੍ਰਹਮ। ਚਾੜ੍ਹਸਿ	Chaarras Pavan Singhaasan Bheejai ||	The Yogi draws the breath upwards, and opens the Tenth Gate.	ਹਠ-ਜੋਗੀ ਸੁਆਸ (ਦਸਮ ਦੁਆਰ ਵਿਚ) ਚਾੜ੍ਹਦਾ ਹੈ (ਇਤਨੀ ਮੇਹਨਤ ਕਰਦਾ ਹੈ ਕਿ ਪਸੀਨੇ ਨਾਲ ਉਸ ਦਾ) ਸਿੰਘਾਸਨ ਭੀ ਭਿੱਜ ਜਾਂਦਾ ਹੈ,

38858	905	ਨਿਉਲੀ ਕਰਮ ਖਟੁ ਕਰਮ ਕਰੀਜੈ॥		Nioulee Karam Khatt Karam Kareejai ||	He practices inner cleansing and the six rituals of purification.	(ਆਂਦਰਾਂ ਸਾਫ਼ ਰੱਖਣ ਲਈ) ਨਿਉਲੀ ਕਰਮ ਤੇ (ਹਠ ਜੋਗ ਦੇ) ਛੇ ਕਰਮ ਕਰਦਾ ਹੈ,
38859	905	ਰਾਮ ਨਾਮ ਬਿਨੁ ਬਿਰਥਾ ਸਾਸੁ ਲੀਜੈ॥੩॥		Raam Naam Bin Birathhaa Saas Leejai ||3||	But without the Lord's Name, the breath he draws is useless. ||3||	ਪਰ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਵਿਅਰਥ ਜੀਵਨ ਜੀਉਂਦਾ ਹੈ ॥੩॥
38860	905	ਅੰਤਰਿ ਪੰਚ ਅਗਨਿ ਕਿਉ ਧੀਰਜੁ ਧੀਜੈ॥		Anthar Panch Agan Kio Dhheeraj Dhheejai ||	The fire of the five passions burns within him; how can he be calm?	ਜਿਤਨਾ ਚਿਰ ਕਾਮਾਦਿਕ ਪੰਜ ਵਿਕਾਰਾਂ ਦੀ ਅੱਗ ਅੰਤਰ ਆਤਮੇ ਭੜਕ ਰਹੀ ਹੋਵੇ, ਉਤਨਾ ਚਿਰ ਮਨ ਧੀਰਜ ਨਹੀਂ ਧਾਰ ਸਕਦਾ।
38861	905	ਅੰਤਰਿ ਚੋਰੁ ਕਿਉ ਸਾਦੁ ਲਹੀਜੈ॥		Anthar Chor Kio Saadh Leheejai ||	The thief is within him; how can he taste the taste?	ਜਿਤਨਾ ਚਿਰ ਮੋਹ-ਚੋਰ ਅੰਦਰ ਵੱਸ ਰਿਹਾ ਹੈ ਆਤਮਕ ਆਨੰਦ ਨਹੀਂ ਮਿਲ ਸਕਦਾ।
38862	905	ਗੁਰਮੁਖਿ ਹੋਇ ਕਾਇਆ ਗੜੁ ਲੀਜੈ॥੪॥	ਗੜੁ	Guramukh Hoe Kaaeiaa Garr Leejai ||4||	One who becomes Gurmukh conquers the body-fortress. ||4||	ਗੁਰੂ ਦੀ ਸਰਨ ਪੈ ਕੇ ਇਸ ਸਰੀਰ-ਕਿਲ੍ਹੇ ਨੂੰ ਜਿੱਤੇ (ਇਸ ਵਿਚ ਆਕੀ ਹੋਇਆ ਮਨ ਵੱਸ ਵਿਚ ਆ ਜਾਇਗਾ ਤੇ ਆਤਮਕ ਆਨੰਦ ਮਿਲੇਗਾ) ॥੪॥
38863	905	ਅੰਤਰਿ ਮੈਲੁ ਤੀਰਥ ਭਰਮੀਜੈ॥		Anthar Mail Theerathh Bharameejai ||	With filth within, he wanders around at places of pilgrimage.	ਜੇ ਮਨ ਵਿਚ (ਮਾਇਆ ਦੇ ਮੋਹ ਦੀ) ਮੈਲ ਟਿਕੀ ਰਹੇ, ਤੀਰਥਾਂ ਤੇ (ਇਸ਼ਨਾਨ ਲਈ) ਭੌਂਦੇ ਫਿਰੀਏ,

38864	905	ਮਨੁ ਨਹੀ ਸੂਚਾ ਕਿਆ ਸੋਚ ਕਰੀਜੈ॥		Man Nehee Soochaa Kiaa Soch Kareejai ||	His mind is not pure, so what is the use of performing ritual cleansings?	ਇਸ ਤਰ੍ਹਾਂ ਮਨ ਸੁੱਚਾ ਨਹੀਂ ਹੋ ਸਕਦਾ (ਤੀਰਥ-) ਇਸ਼ਨਾਨ ਦਾ ਕੋਈ ਲਾਭ ਨਹੀਂ ਹੁੰਦਾ।
38865	905	ਕਿਰਤੁ ਪਇਆ ਦੋਸੁ ਕਾ ਕਉ ਦੀਜੈ॥੫॥		Kirath Paeiaa Dhos Kaa Ko Dheejai ||5||	He carries the karma of his own past actions; who else can he blame? ||5||	(ਪਰ) ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ (ਗ਼ਲਤ ਰਸਤੇ ਵਲ ਹੀ ਪ੍ਰੇਰਨਾ ਕਰੀ ਜਾਂਦਾ ਹੈ, ਇਸ ਵਾਸਤੇ) ਕਿਸੇ ਨੂੰ ਦੋਸ਼ੀ ਭੀ ਨਹੀਂ ਠਹਿਰਾਇਆ ਜਾ ਸਕਦਾ ॥੫॥
38866	905	ਅੰਨੁ ਨ ਖਾਹਿ ਦੇਹੀ ਦੁਖੁ ਦੀਜੈ॥		Ann N Khaahi Dhaehee Dhukh Dheejai ||	He does not eat food; he tortures his body.	ਜੇਹੜੇ ਬੰਦੇ ਅੰਨ ਨਹੀਂ ਖਾਂਦੇ (ਇਸ ਤਰ੍ਹਾਂ ਉਹ ਕੋਈ ਆਤਮਕ ਲਾਭ ਤਾਂ ਨਹੀਂ ਖੱਟਦੇ) ਸਰੀਰ ਨੂੰ ਹੀ ਕਸ਼ਟ ਮਿਲਦਾ ਹੈ,
38867	905	ਬਿਨੁ ਗੁਰ ਗਿਆਨ ਤ੍ਰਿਪਤਿ ਨਹੀ ਥੀਜੈ॥		Bin Gur Giaan Thripath Nehee Thheejai ||	Without the Guru's wisdom, he is not satisfied.	ਗੁਰੂ ਤੋਂ ਮਿਲੇ ਗਿਆਨ ਤੋਂ ਬਿਨਾ (ਮਾਇਆ ਵਲੋਂ ਵਿਕਾਰਾਂ) ਤ੍ਰਿਪਤੀ ਨਹੀਂ ਹੋ ਸਕਦੀ।
38868	905	ਮਨਮੁਖਿ ਜਨਮੈ ਜਨਮਿ ਮਰੀਜੈ॥੬॥		Manamukh Janamai Janam Mareejai ||6||	The self-willed manmukh is born only to die, and be born again. ||6||	ਸੋ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਜੰਮਦਾ ਹੈ ਮਰਦਾ ਹੈ, ਜੰਮਦਾ ਹੈ ਮਰਦਾ ਹੈ (ਉਸ ਦਾ ਇਹ ਗੇੜ ਤੁਰਿਆ ਰਹਿੰਦਾ ਹੈ) ॥੬॥

38869	905	ਸਤਿਗੁਰ ਪੂਛਿ ਸੰਗਤਿ ਜਨ ਕੀਜੈ॥		Sathigur Pooshh Sangath Jan Keejai ||	Go, and ask the True Guru, and associate with the Lord's humble servants.	ਗੁਰੂ ਦਾ ਉਪਦੇਸ਼ ਲੈ ਕੇ ਸੰਤ ਜਨਾਂ ਦੀ ਸੰਗਤ ਕਰਨੀ ਚਾਹੀਦੀ ਹੈ।
38870	905	ਮਨੁ ਹਰਿ ਰਾਚੈ ਨਹੀ ਜਨਮਿ ਮਰੀਜੈ॥		Man Har Raachai Nehee Janam Mareejai ||	Your mind shall merge into the Lord, and you shall not be reincarnated to die again.	(ਸੰਗਤ ਵਿਚ ਰਿਹਾਂ) ਮਨ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ, ਤੇ ਇਸ ਤਰ੍ਹਾਂ ਜਨਮ ਮਰਨ ਦਾ ਗੇੜ ਨਹੀਂ ਵਿਆਪਦਾ।
38871	905	ਰਾਮ ਨਾਮ ਬਿਨੁ ਕਿਆ ਕਰਮੁ ਕੀਜੈ॥੭॥		Raam Naam Bin Kiaa Karam Keejai ||7||	Without the Lord's Name, what can anyone do? ||7||	ਪਰਮਾਤਮਾ ਦਾ ਨਾਮ ਨਾਹ ਸਿਮਰਿਆ, ਤਾਂ ਕਿਸੇ ਹੋਰ ਹਠ-ਕਰਮ ਦਾ ਕੋਈ ਲਾਭ ਨਹੀਂ ਹੁੰਦਾ ॥੭॥
38872	905	ਊਂਦਰ ਦੂੰਦਰ ਪਾਸਿ ਧਰੀਜੈ॥		Oonadhar Dhoondhar Paas Dhhareejai ||	Silence the mouse scurrying around within you.	ਚੂਹੇ ਵਾਂਗ ਅੰਦਰੋ ਅੰਦਰ ਸ਼ੋਰ ਮਚਾਣ ਵਾਲੇ ਮਨ ਦੇ ਸੰਕਲਪ ਵਿਕਲਪ ਅੰਦਰੋਂ ਕੱਢ ਦੇਣੇ ਚਾਹੀਦੇ ਹਨ,
38873	905	ਧੁਰ ਕੀ ਸੇਵਾ ਰਾਮੁ ਰਵੀਜੈ॥		Dhhur Kee Saevaa Raam Raveejai ||	Serve the Primal Lord, by chanting the Lord's Name.	ਪਰਮਾਤਮਾ ਦੇ ਨਾਮ ਦਾ ਸਿਮਰਨ ਕਰਨਾ ਚਾਹੀਦਾ ਹੈ, ਇਹੀ ਹੈ ਧੁਰੋਂ ਮਿਲੀ ਸੇਵਾ (ਜੋ ਮਨੁੱਖ ਨੇ ਕਰਨੀ ਹੈ)।
38874	905	ਨਾਨਕ ਨਾਮੁ ਮਿਲੈ ਕਿਰਪਾ ਪ੍ਰਭ ਕੀਜੈ॥੮॥੫॥		Naanak Naam Milai Kirapaa Prabh Keejai ||8||5||	O Nanak, God blesses us with His Name, when He grants His Grace. ||8||5||	ਹੇ ਨਾਨਕ! (ਪ੍ਰਭੂ ਅਗੇ ਅਰਦਾਸ ਕਰ-) ਹੇ ਪ੍ਰਭੂ! ਮੇਹਰ ਕਰ, ਮੈਨੂੰ ਤੇਰੇ ਨਾਮ ਦੀ ਦਾਤ ਮਿਲੇ ॥੮॥੫॥
38875	905	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	

38876	905	ਅੰਤਰਿ ਉਤਭੁਜੁ ਅਵਰੁ ਨ ਕੋਈ॥		Anthar Outhabhuj Avar N Koee ||	The created Universe emanated from within You; there is no other at all.	(ਉਹ ਪਰਮਾਤਮਾ ਐਸਾ ਹੈ ਕਿ) ਸ੍ਰਿਸ਼ਟੀ ਦੀ ਉਤਪੱਤੀ (ਦੀ ਤਾਕਤ) ਉਸ ਦੇ ਆਪਣੇ ਅੰਦਰ ਹੀ ਹੈ (ਉਤਪੱਤੀ ਕਰਨ ਵਾਲਾ) ਹੋਰ ਕੋਈ ਭੀ ਨਹੀਂ ਹੈ।
38877	905	ਜੋ ਕਹੀਐ ਸੋ ਪ੍ਰਭ ਤੇ ਹੋਈ॥		Jo Keheeai So Prabh Thae Hoee ||	Whatever is said to be, is from You, O God.	ਜਿਸ ਭੀ ਚੀਜ਼ ਦਾ ਨਾਮ ਲਿਆ ਜਾਏ ਉਹ ਪਰਮਾਤਮਾ ਤੋਂ ਹੀ ਪੈਦਾ ਹੋਈ ਹੈ।
38878	905	ਜੁਗਹ ਜੁਗੰਤਰਿ ਸਾਹਬੁ ਸਚੁ ਸੋਈ॥	ਜੁੱਗਹ। ਜੁੱਗੰਤਰਿ	Jugeh Juganthar Saahib Sach Soee ||	He is the True Lord and Master, throughout the ages.	ਉਹੀ ਮਾਲਕ ਜੁਗਾਂ ਜੁਗਾਂ ਵਿਚ ਸਦਾ-ਥਿਰ ਚਲਿਆ ਆ ਰਿਹਾ ਹੈ।
38879	905	ਉਤਪਤਿ ਪਰਲਉ ਅਵਰੁ ਨ ਕੋਈ॥੧॥		Outhapath Paralo Avar N Koee ||1||	Creation and destruction do not come from anyone else. ||1||	ਜਗਤ ਦੀ ਉਤਪੱਤੀ ਤੇ ਜਗਤ ਦਾ ਨਾਸ ਕਰਨ ਵਾਲਾ (ਉਸ ਤੋਂ ਬਿਨਾ) ਕੋਈ ਹੋਰ ਨਹੀਂ ਹੈ ॥੧॥
38880	905	ਐਸਾ ਮੇਰਾ ਠਾਕੁਰੁ ਗਹਿਰ ਗੰਭੀਰੁ॥		Aisaa Maeraa Thaakur Gehir Ganbheer ||	Such is my Lord and Master, profound and unfathomable.	ਸਾਡਾ ਪਾਲਣਹਾਰ ਪ੍ਰਭੂ ਬੜਾ ਅਥਾਹ ਹੈ ਤੇ ਵੱਡੇ ਜਿਗਰੇ ਵਾਲਾ ਹੈ।

38881	905	ਜਿਨਿ ਜਪਿਆ ਤਿਨ ਹੀ ਸੁਖੁ ਪਾਇਆ ਹਰਿ ਕੈ ਨਾਮਿ ਨ ਲਗੈ ਜਮ ਤੀਰੁ॥੧॥ਰਹਾਉ॥		Jin Japiaa Thin Hee Sukh Paaeiaa Har Kai Naam N Lagai Jam Theer ||1|| Rehaao ||	Whoever meditates on Him, finds peace. The arrow of the Messenger of Death does not strike one who has the Name of the Lord. ||1||Pause||	ਜਿਸ ਭੀ ਮਨੁੱਖ ਨੇ (ਉਸ ਦਾ ਨਾਮ) ਜਪਿਆ ਹੈ ਉਸੇ ਨੇ ਹੀ ਆਤਮਕ ਆਨੰਦ ਪ੍ਰਾਪਤ ਕਰ ਲਿਆ ਹੈ। ਪਰਮਾਤਮਾ ਦੇ ਨਾਮ ਵਿਚ ਜੁੜਿਆਂ ਮੌਤ ਦਾ ਡਰ ਨਹੀਂ ਪੋਂਹਦਾ ॥੧॥ ਰਹਾਉ ॥
38882	905	ਨਾਮੁ ਰਤਨੁ ਹੀਰਾ ਨਿਰਮੋਲੁ॥		Naam Rathan Heeraa Niramol ||	The Naam, the Name of the Lord, is a priceless jewel, a diamond.	ਪਰਮਾਤਮਾ ਦਾ ਨਾਮ (ਇਕ ਐਸਾ) ਰਤਨ ਹੈ ਹੀਰਾ ਹੈ, ਜਿਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ (ਜੋ ਕਿਸੇ ਕੀਮਤ ਤੋਂ ਨਹੀਂ ਮਿਲ ਸਕਦਾ)।
38883	905	ਸਾਚਾ ਸਾਹਿਬੁ ਅਮਰੁ ਅਤੋਲੁ॥		Saachaa Saahib Amar Athol ||	The True Lord Master is immortal and immeasurable.	ਉਹ ਸਦਾ-ਥਿਰ ਰਹਿਣ ਵਾਲਾ ਮਾਲਕ ਹੈ ਉਹ ਕਦੇ ਮਰਨ ਵਾਲਾ ਨਹੀਂ ਹੈ, ਉਸ ਦੇ ਵਡੱਪਣ ਨੂੰ ਤੋਲਿਆ ਨਹੀਂ ਜਾ ਸਕਦਾ।
38884	905	ਜਿਹਵਾ ਸੂਚੀ ਸਾਚਾ ਬੋਲੁ॥		Jihavaa Soochee Saachaa Bol ||	That tongue which chants the True Name is pure.	ਜੇਹੜੀ ਜੀਭ (ਉਸ ਅਮਰ ਅਡੋਲ ਪ੍ਰਭੂ ਦੀ ਸਿਫ਼ਤ ਸਾਲਾਹ ਦਾ) ਬੋਲ ਬੋਲਦੀ ਹੈ ਉਹ ਸੁੱਚੀ ਹੈ।
38885	905	ਘਰਿ ਦਰਿ ਸਾਚਾ ਨਾਹੀ ਰੋਲੁ ॥੨॥		Ghar Dhar Saachaa Naahee Rol ||2||	The True Lord is in the home of the self; there is no doubt about it. ||2||	ਸਿਫ਼ਤ-ਸਾਲਾਹ ਕਰਨ ਵਾਲੇ ਬੰਦੇ ਨੂੰ ਅੰਦਰ ਬਾਹਰ ਹਰ ਥਾਂ ਉਹ ਸਦਾ-ਥਿਰ ਪ੍ਰਭੂ ਹੀ ਦਿੱਸਦਾ ਹੈ, ਇਸ ਬਾਰੇ ਉਸ ਨੂੰ ਕੋਈ ਭੁਲੇਖਾ ਨਹੀਂ ਲੱਗਦਾ ॥੨॥

38886	905	ਇਕਿ ਬਨ ਮਹਿ ਬੈਸਹਿ ਡੂਗਰਿ ਅਸਥਾਨੁ॥		Eik Ban Mehi Baisehi Ddoogar Asathhaan ||	Some sit in the forests, and some make their home in the mountains.	ਅਨੇਕਾਂ ਬੰਦੇ (ਗ੍ਰਿਹਸਤ ਤਿਆਗ ਕੇ) ਜੰਗਲਾਂ ਵਿਚ ਜਾ ਬੈਠਦੇ ਹਨ, ਪਹਾੜ ਵਿਚ (ਗੁਫ਼ਾ ਆਦਿਕ) ਥਾਂ (ਬਣਾ ਕੇ) ਬੈਠਦੇ ਹਨ,
38887	905	ਨਾਮੁ ਬਿਸਾਰਿ ਪਚਹਿ ਅਭਿਮਾਨੁ॥		Naam Bisaar Pachehi Abhimaan ||	Forgetting the Naam, they rot away in egotistical pride.	(ਆਪਣੇ ਇਸ ਉੱਦਮ ਦਾ) ਮਾਣ (ਭੀ) ਕਰਦੇ ਹਨ, ਪਰ ਪਰਮਾਤਮਾ ਦਾ ਨਾਮ ਵਿਸਾਰ ਕੇ ਉਹ ਖ਼ੁਆਰ (ਹੀ) ਹੁੰਦੇ ਹਨ।
38888	905	ਨਾਮ ਬਿਨਾ ਕਿਆ ਗਿਆਨ ਧਿਆਨੁ॥		Naam Binaa Kiaa Giaan Dhhiaan ||	Without the Naam, what is the use of spiritual wisdom and meditation?	ਪਰਮਾਤਮਾ ਦੇ ਨਾਮ ਤੋਂ ਵਾਂਜੇ ਰਹਿ ਕੇ ਕੋਈ ਗਿਆਨ-ਚਰਚਾ ਤੇ ਕੋਈ ਸਮਾਧੀ ਕਿਸੇ ਅਰਥ ਨਹੀਂ।
38889	905	ਗੁਰਮੁਖਿ ਪਾਵਹਿ ਦਰਗਹਿ ਮਾਨੁ॥੩॥		Guramukh Paavehi Dharagehi Maan ||3||	The Gurmukhs are honored in the Court of the Lord. ||3||	ਜੇਹੜੇ ਮਨੁੱਖ ਗੁਰੂ ਦੇ ਰਸਤੇ ਤੁਰਦੇ ਹਨ (ਤੇ ਨਾਮ ਜਪਦੇ ਹਨ) ਉਹ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਪਾਂਦੇ ਹਨ ॥੩॥
38890	905	ਹਠੁ ਅਹੰਕਾਰੁ ਕਰੈ ਨਹੀ ਪਾਵੈ॥	ਹਠੁ:ਪੋਲਾ ਬੋਲੋ	Hath Ahankaar Karai Nehee Paavai ||	Acting stubbornly in egotism, one does not find the Lord.	(ਜੇਹੜਾ ਮਨੁੱਖ ਇਕਾਗ੍ਰਤਾ ਆਦਿਕ ਵਾਸਤੇ ਸਰੀਰ ਉਤੇ ਕੋਈ) ਧੱਕਾ-ਜ਼ੋਰ ਕਰਦਾ ਹੈ (ਤੇ ਇਸ ਉੱਦਮ ਦਾ) ਮਾਣ (ਭੀ) ਕਰਦਾ ਹੈ, ਉਹ ਪਰਮਾਤਮਾ ਨੂੰ ਨਹੀਂ ਮਿਲ ਸਕਦਾ।

38891	905	ਪਾਠ ਪੜੈ ਲੇ ਲੋਕ ਸੁਣਾਵੈ॥		Paath Parrai Lae Lok Sunaavai ||	Studying the scriptures, reading them to other people,	ਜੇਹੜਾ ਮਨੁੱਖ (ਲੋਕ-ਵਿਖਾਵੇ ਦੀ ਖ਼ਾਤਰ) ਧਾਰਮਿਕ ਪੁਸਤਕਾਂ ਪੜ੍ਹਦਾ ਹੈ, ਪੁਸਤਕਾਂ ਲੈ ਕੇ ਲੋਕਾਂ ਨੂੰ (ਹੀ) ਸੁਣਾਂਦਾ ਹੈ,
38892	906	ਤੀਰਥਿ ਭਰਮਸਿ ਬਿਆਧਿ ਨ ਜਾਵੈ॥		Theerathh Bharamas Biaadhh N Jaavai ||	And wandering around at places of pilgrimage, the disease is not taken away.	ਕਿਸੇ ਤੀਰਥ ਉਤੇ (ਭੀ ਇਸ਼ਨਾਨ ਵਾਸਤੇ) ਜਾਂਦਾ ਹੈ (ਇਸ ਤਰ੍ਹਾਂ) ਉਸ ਦਾ ਕਾਮਾਦਿਕ ਰੋਗ ਦੂਰ ਨਹੀਂ ਹੋ ਸਕਦਾ।
38893	906	ਨਾਮ ਬਿਨਾ ਕੈਸੇ ਸੁਖੁ ਪਾਵੈ॥੪॥		Naam Binaa Kaisae Sukh Paavai ||4||	Without the Naam, how can one find peace? ||4||	ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਮਨੁੱਖ ਆਤਮਕ ਆਨੰਦ ਨਹੀਂ ਮਾਣ ਸਕਦਾ ॥੪॥
38894	906	ਜਤਨ ਕਰੈ ਬਿੰਦੁ ਕਿਵੈ ਨ ਰਹਾਈ॥		Jathan Karai Bindh Kivai N Rehaaee ||	No matter how much he tries, he cannot control his semen and seed.	(ਬਨ-ਵਾਸ, ਡੂਗਰ-ਵਾਸ, ਹਠ, ਨਿਗ੍ਰਹ, ਤੀਰਥ-ਇਸ਼ਨਾਨ ਆਦਿਕ) ਜਤਨ ਮਨੁੱਖ ਕਰਦਾ ਹੈ, ਅਜੇਹੇ ਕਿਸੇ ਭੀ ਤਰੀਕੇ ਨਾਲ ਕਾਮ-ਵਾਸਨਾ ਰੋਕੀ ਨਹੀਂ ਜਾ ਸਕਦੀ,
38895	906	ਮਨੂਆ ਡੋਲੈ ਨਰਕੇ ਪਾਈ॥		Manooaa Ddolai Narakae Paaee ||	His mind wavers, and he falls into hell.	ਮਨ ਡੋਲਦਾ ਹੀ ਰਹਿੰਦਾ ਹੈ ਤੇ ਜੀਵ ਨਰਕ ਵਿਚ ਹੀ ਪਿਆ ਰਹਿੰਦਾ ਹੈ।
38896	906	ਜਮਪੁਰਿ ਬਾਧੋ ਲਹੈ ਸਜਾਈ॥		Jam Pur Baadhho Lehai Sajaaee ||	Bound and gagged in the City of Death, he is tortured.	ਕਾਮ-ਵਾਸ਼ਨਾ ਆਦਿਕ ਵਿਕਾਰਾਂ ਵਿਚ ਬੱਝਾ ਹੋਇਆ ਜਮਰਾਜ ਦੀ ਪੁਰੀ ਵਿਚ (ਆਤਮਕ ਕਲੇਸ਼ਾਂ ਦੀ) ਸਜ਼ਾ ਭੁਗਤਦਾ ਹੈ।

38897	906	ਬਿਨੁ ਨਾਵੈ ਜੀਉ ਜਲਿ ਬਲਿ ਜਾਈ॥੫॥		Bin Naavai Jeeo Jal Bal Jaaee ||5||	Without the Name, his soul cries out in agony. ||5||	ਪਰਮਾਤਮਾ ਦੇ ਨਾਮ ਤੋਂ ਬਿਨਾ ਜਿੰਦ ਵਿਕਾਰਾਂ ਵਿਚ ਸੜਦੀ ਭੁੱਜਦੀ ਰਹਿੰਦੀ ਹੈ ॥੫॥
38898	906	ਸਿਧ ਸਾਧਿਕ ਕੇਤੇ ਮੁਨਿ ਦੇਵਾ॥		Sidhh Saadhhik Kaethae Mun Dhaevaa ||	The many Siddhas and seekers, silent sages and demi-gods	ਅਨੇਕਾਂ ਸਿੱਧ ਸਾਧਿਕ ਰਿਸ਼ੀ ਮੁਨੀ (ਹਠ ਨਿਗ੍ਰਹ ਆਦਿਕ ਕਰਦੇ ਹਨ ਪਰ)
38899	906	ਹਠਿ ਨਿਗ੍ਰਹਿ ਨ ਤ੍ਰਿਪਤਾਵਹਿ ਭੇਵਾ॥	ਨਿ-ਗ੍ਰਹਿ। ਤ੍ਰਿਪਤਾਵ-ਹਿ ਗਹ-ਹਿ	Hath Nigrehi N Thripathaavehi Bhaevaa ||	Cannot satisfy themselves by practicing restraint through Hatha Yoga.	ਹਠ ਨਿਗ੍ਰਹ ਨਾਲ ਅੰਦਰਲੀ ਵਿਖੇਪਤਾ ਨੂੰ ਮਿਟਾ ਨਹੀਂ ਸਕਦੇ।
38900	906	ਸਬਦੁ ਵੀਚਾਰਿ ਗਹਹਿ ਗੁਰ ਸੇਵਾ॥		Sabadh Veechaar Gehehi Gur Saevaa ||	One who contemplates the Word of the Shabad, and serves the Guru	ਜੇਹੜੇ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਵਿਚਾਰ-ਮੰਡਲ ਵਿਚ ਟਿਕਾ ਕੇ ਗੁਰੂ ਦੀ (ਦੱਸੀ) ਸੇਵਾ (ਦਾ ਉੱਦਮ) ਗ੍ਰਹਿਣ ਕਰਦੇ ਹਨ,
38901	906	ਮਨਿ ਤਨਿ ਨਿਰਮਲ ਅਭਿਮਾਨ ਅਭੇਵਾ॥੬॥		Man Than Niramal Abhimaan Abhaevaa ||6||	- his mind and body become immaculate, and his egotistical pride is obliterated. ||6||	ਉਹਨਾਂ ਦੇ ਮਨ ਵਿਚ ਉਹਨਾਂ ਦੇ ਸਰੀਰ ਵਿਚ (ਭਾਵ, ਇੰਦ੍ਰਿਆਂ ਵਿਚ) ਪਵਿਤ੍ਰਤਾ ਆ ਜਾਂਦੀ ਹੈ, ਉਹਨਾਂ ਦੇ ਅੰਦਰ ਅਹੰਕਾਰ ਦਾ ਅਭਾਵ ਹੋ ਜਾਂਦਾ ਹੈ ॥੬॥
38902	906	ਕਰਮਿ ਮਿਲੈ ਪਾਵੈ ਸਚੁ ਨਾਉ॥		Karam Milai Paavai Sach Naao ||	Blessed with Your Grace, I obtain the True Name.	ਜਿਸ ਮਨੁੱਖ ਨੂੰ ਆਪਣੀ ਮੇਹਰ ਨਾਲ ਪਰਮਾਤਮਾ ਮਿਲਦਾ ਹੈ ਉਹ ਸਦਾ-ਥਿਰ ਪ੍ਰਭੂ-ਨਾਮ (ਦੀ ਦਾਤਿ) ਪ੍ਰਾਪਤ ਕਰਦਾ ਹੈ।

38903	906	ਤੁਮ ਸਰਣਾਗਤਿ ਰਹਉ ਸੁਭਾਉ॥	(ਸੁਭਾਉ)ਸ੍ਰੇਸਟ ਪ੍ਰੇਮ, ਪ੍ਰਕਾਸ਼ ਸਹਿਤ। ਸਰਣਾ-ਗਤਿ	Thum Saranaagath Reho Subhaao ||	I remain in Your Sanctuary, in loving devotion.	(ਹੇ ਪ੍ਰਭੂ!) ਮੈਂ ਭੀ ਤੇਰੀ ਸਰਨ ਆ ਟਿਕਿਆ ਹਾਂ (ਤਾ ਕਿ ਤੇਰੇ ਚਰਨਾਂ ਦਾ) ਸ੍ਰੇਸ਼ਟ ਪ੍ਰੇਮ (ਮੈਂ ਹਾਸਲ ਕਰ ਸਕਾਂ)।
38904	906	ਤੁਮ ਤੇ ਉਪਜਿਓ ਭਗਤੀ ਭਾਉ॥		Thum Thae Oupajiou Bhagathee Bhaao ||	Love for Your devotional worship has welled up within me.	(ਜੀਵ ਦੇ ਅੰਦਰ) ਤੇਰੀ ਭਗਤੀ ਤੇਰਾ ਪ੍ਰੇਮ ਤੇਰੀ ਮੇਹਰ ਨਾਲ ਹੀ ਪੈਦਾ ਹੁੰਦੇ ਹਨ।
38905	906	ਜਪੁ ਜਾਪਉ ਗੁਰਮੁਖਿ ਹਰਿ ਨਾਉ॥੭॥		Jap Jaapo Guramukh Har Naao ||7||	As Gurmukh, I chant and meditate on the Lord's Name. ||7||	ਹੇ ਹਰੀ! (ਜੇ ਤੇਰੀ ਮੇਹਰ ਹੋਵੇ ਤਾਂ) ਮੈਂ ਗੁਰੂ ਦੀ ਸਰਨ ਪੈ ਕੇ ਤੇਰੇ ਨਾਮ ਦਾ ਜਾਪ ਜਪਦਾ ਰਹਾਂ ॥੭॥
38906	906	ਹਉਮੈ ਗਰਬੁ ਜਾਇ ਮਨ ਭੀਨੈ॥		Houmai Garab Jaae Man Bheenai ||	When one is rid of egotism and pride, his mind is drenched in the Lord's Love.	ਜੇ ਜੀਵ ਦਾ ਮਨ ਪਰਮਾਤਮਾ ਦੇ ਨਾਮ-ਰਸ ਵਿਚ ਭਿੱਜ ਜਾਏ ਤਾਂ ਅੰਦਰੋਂ ਹਉਮੈ ਅਹੰਕਾਰ ਦੂਰ ਹੋ ਜਾਂਦਾ ਹੈ,
38907	906	ਝੂਠਿ ਨ ਪਾਵਸਿ ਪਾਖੰਡਿ ਕੀਨੈ॥		Jhooth N Paavas Paakhandd Keenai ||	Practicing fraud and hypocrisy, he does not find God.	ਪਰ (ਨਾਮ-ਰਸ ਵਿਚ ਭਿੱਜਣ ਦੀ ਇਹ ਦਾਤਿ) ਝੂਠ ਦੀ ਰਾਹੀਂ ਜਾਂ ਪਖੰਡ ਕੀਤਿਆਂ ਕੋਈ ਭੀ ਨਹੀਂ ਪ੍ਰਾਪਤ ਕਰ ਸਕਦਾ।
38908	906	ਬਿਨੁ ਗੁਰ ਸਬਦ ਨਹੀ ਘਰੁ ਬਾਰੁ॥		Bin Gur Sabadh Nehee Ghar Baar ||	Without the Word of the Guru's Shabad, he cannot find the Lord's Door.	ਗੁਰੂ ਦੇ ਸ਼ਬਦ ਤੋਂ ਬਿਨਾ ਪਰਮਾਤਮਾ ਦਾ ਦਰਬਾਰ ਨਹੀਂ ਲੱਭ ਸਕਦਾ।

38909	906	ਨਾਨਕ ਗੁਰਮੁਖਿ ਤਤੁ ਬੀਚਾਰੁ॥੮॥੬॥		Naanak Guramukh Thath Beechaar ||8||6||	O Nanak, the Gurmukh contemplates the essence of reality. ||8||6||	ਹੇ ਨਾਨਕ! ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਹ ਜਗਤ ਦੇ ਮੂਲ ਪ੍ਰਭੂ ਨੂੰ ਮਿਲ ਪੈਂਦਾ ਹੈ, ਉਹ ਪ੍ਰਭੂ ਦੇ ਗੁਣਾਂ ਦੀ ਵਿਚਾਰ (ਦਾ ਸੁਭਾਉ) ਪ੍ਰਾਪਤ ਕਰ ਲੈਂਦਾ ਹੈ ॥੮॥੬॥
38910	906	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	
38911	906	ਜਿਉ ਆਇਆ ਤਿਉ ਜਾਵਹਿ ਬਉਰੇ ਜਿਉ ਜਨਮੇ ਤਿਉ ਮਰਣੁ ਭਇਆ॥		Jio Aaeiaa Thio Jaavehi Bourae Jio Janamae Thio Maran Bhaeiaa ||	As you come, so will you leave, you fool; as you were born, so will you die.	ਹੇ ਝੱਲੇ ਜੀਵ! ਜਿਵੇਂ ਤੂੰ (ਜਗਤ ਵਿਚ) ਆਇਆ ਹੈਂ ਤਿਵੇਂ (ਇਥੋਂ) ਚਲਾ ਭੀ ਜਾਵੇਂਗਾ, ਜਿਵੇਂ ਤੈਨੂੰ ਜਨਮ ਮਿਲਿਆ ਹੈ ਤਿਵੇਂ ਮੌਤ ਭੀ ਹੋ ਜਾਇਗੀ (ਇਥੇ ਕਿਸੇ ਹਾਲਤ ਵਿਚ ਸਦਾ ਬੈਠ ਨਹੀਂ ਰਹਿਣਾ)।
38912	906	ਜਿਉ ਰਸ ਭੋਗ ਕੀਏ ਤੇਤਾ ਦੁਖੁ ਲਾਗੈ ਨਾਮੁ ਵਿਸਾਰਿ ਭਵਜਲਿ ਪਇਆ॥੧॥		Jio Ras Bhog Keeeae Thaethaa Dhukh Laagai Naam Visaar Bhavajal Paeiaa ||1||	As you enjoy pleasures, so will you suffer pain. Forgetting the Naam, the Name of the Lord, you will fall into the terrifying world-ocean. ||1||	ਜਿਉਂ ਜਿਉਂ ਤੂੰ ਦੁਨੀਆ ਦੇ ਰਸਾਂ ਦੇ ਭੋਗ ਮਾਣਦਾ ਹੈਂ, ਤਿਉਂ ਤਿਉਂ ਉਤਨਾ ਹੀ (ਤੇਰੇ ਸਰੀਰ ਨੂੰ ਤੇ ਆਤਮਾ ਨੂੰ) ਦੁੱਖ-ਰੋਗ ਚੰਬੜ ਰਿਹਾ ਹੈ। (ਇਹਨਾਂ ਭੋਗਾਂ ਵਿਚ ਮਸਤ ਹੋ ਕੇ) ਪਰਮਾਤਮਾ ਦਾ ਨਾਮ ਵਿਸਾਰ ਕੇ ਤੂੰ ਜਨਮ ਮਰਨ ਦੇ ਚੱਕਰ ਵਿਚ ਪਿਆ ਸਮਝ ॥੧॥

38913	906	ਤਨੁ ਧਨੁ ਦੇਖਤ ਗਰਬਿ ਗਇਆ॥	ਗ-ਇਆ	Than Dhhan Dhaekhath Garab Gaeiaa ||	Gazing upon your body and wealth, you are so proud.	(ਹੇ ਜੀਵ!) ਆਪਣਾ ਸਰੀਰ ਤੇ ਧਨ ਵੇਖ ਵੇਖ ਕੇ ਤੂੰ ਅਹੰਕਾਰ ਵਿਚ ਆਇਆ ਰਹਿੰਦਾ ਹੈਂ।
38914	906	ਕਨਿਕ ਕਾਮਨੀ ਸਿਉ ਹੇਤੁ ਵਧਾਇਹਿ ਕੀ ਨਾਮੁ ਵਿਸਾਰਹਿ ਭਰਮਿ ਗਇਆ॥੧॥ਰਹਾਉ ॥	(ਕਨਿਕ)ਸੋਨਾ। (ਕਾਮਨੀ)ਇਸਤ੍ਰੀ। ਵਧਾਇ-ਹਿ। ਵਿਸਾਰ-ਹਿ	Kanik Kaamanee Sio Haeth Vadhhaaeihi Kee Naam Visaarehi Bharam Gaeiaa ||1|| Rehaao ||	Your love for gold and sexual pleasures increases; why have you forgotten the Naam, and why do you wander in doubt? ||1||Pause||	ਸੋਨੇ ਤੇ ਇਸਤ੍ਰੀ ਨਾਲ ਤੂੰ ਮੋਹ ਵਧਾਈ ਜਾ ਰਿਹਾ ਹੈਂ। ਤੂੰ ਕਿਉਂ ਪਰਮਾਤਮਾ ਦਾ ਨਾਮ ਵਿਸਾਰ ਰਿਹਾ ਹੈਂ, ਤੇ, ਕਿਉਂ ਭਟਕਣਾ ਵਿਚ ਪੈ ਗਿਆ ਹੈਂ? ॥੧॥ ਰਹਾਉ ॥
38915	906	ਜਤੁ ਸਤੁ ਸੰਜਮੁ ਸੀਲੁ ਨ ਰਾਖਿਆ ਪ੍ਰੇਤ ਪਿੰਜਰ ਮਹਿ ਕਾਸਟੁ ਭਇਆ॥		Jath Sath Sanjam Seel N Raakhiaa Praeth Pinjar Mehi Kaasatt Bhaeiaa ||	You do not practice truth, abstinence, self-discipline or humility; the ghost within your skeleton has turned to dry wood.	(ਹੇ ਜੀਵ! ਤੂੰ ਆਪਣੇ ਆਪ ਨੂੰ) ਕਾਮ-ਵਾਸਨਾ ਵਲੋਂ ਨਹੀਂ ਬਚਾਇਆ, ਤੂੰ ਉੱਚਾ ਆਚਰਨ ਨਹੀਂ ਬਣਾਇਆ, ਤੂੰ ਇੰਦ੍ਰਿਆਂ ਨੂੰ ਮੰਦੇ ਪਾਸੇ ਵਲੋਂ ਰੋਕਣ ਦਾ ਉੱਦਮ ਨਹੀਂ ਕੀਤਾ, ਤੂੰ ਮਿੱਠਾ ਸੁਭਾਉ ਨਹੀਂ ਬਣਾਇਆ। (ਵਿਕਾਰਾਂ ਦੇ ਕਾਰਨ) ਅਪਵਿਤ੍ਰ ਹੋਏ ਸਰੀਰ-ਪਿੰਜਰ ਵਿਚ ਤੂੰ ਲੱਕੜ (ਵਰਗਾ ਕੁਰਖ਼ਤ-ਦਿਲ) ਹੋ ਚੁਕਾ ਹੈਂ।

38916	906	ਪੁੰਨੁ ਦਾਨੁ ਇਸਨਾਨੁ ਨ ਸੰਜਮੁ ਸਾਧਸੰਗਤਿ ਬਿਨੁ ਬਾਦਿ ਜਇਆ॥੨॥		Punn Dhaan Eisanaan N Sanjam Saadhhasangath Bin Baadh Jaeiaa ||2||	You have not practiced charity, donations, cleansing baths or austerities. Without the Saadh Sangat, the Company of the Holy, your life has gone in vain. ||2||	ਤੇਰੇ ਅੰਦਰ ਨਾਹ ਦੂਜਿਆਂ ਦੀ ਭਲਾਈ ਦਾ ਖ਼ਿਆਲ ਹੈ, ਨਾਹ ਦੂਜਿਆਂ ਦੀ ਸੇਵਾ ਦੀ ਤਾਂਘ ਹੈ, ਨਾਹ ਆਚਰਨਿਕ ਪਵਿਤ੍ਰਤਾ ਹੈ, ਨਾਹ ਕੋਈ ਬੰਧੇਜ ਹੈ। ਸਾਧ ਸੰਗਤ ਤੋਂ ਵਾਂਜਿਆਂ ਰਹਿ ਕੇ ਤੇਰਾ ਮਨੁੱਖਾ ਜਨਮ ਵਿਅਰਥ ਜਾ ਰਿਹਾ ਹੈ ॥੨॥
38917	906	ਲਾਲਚਿ ਲਾਗੈ ਨਾਮੁ ਬਿਸਾਰਿਓ ਆਵਤ ਜਾਵਤ ਜਨਮੁ ਗਇਆ॥	ਗ-ਇਆ	Laalach Laagai Naam Bisaariou Aavath Jaavath Janam Gaeiaa ||	Attached to greed, you have forgotten the Naam. Coming and going, your life has been ruined.	(ਹੇ ਜੀਵ!) ਤੂੰ ਮਾਇਆ ਦੇ ਲਾਲਚ ਵਿਚ ਲੱਗਾ ਪਿਆ ਹੈਂ, ਪਰਮਾਤਮਾ ਦਾ ਨਾਮ ਤੂੰ ਭੁਲਾ ਦਿੱਤਾ ਹੈ। ਮਾਇਆ ਦੀ ਖ਼ਾਤਰ ਦੌੜਦਿਆਂ ਭੱਜਦਿਆਂ ਤੇਰਾ ਜੀਵਨ (ਅਜਾਈਂ) ਜਾਂਦਾ ਹੈ।
38918	906	ਜਾ ਜਮੁ ਧਾਇ ਕੇਸ ਗਹਿ ਮਾਰੈ ਸੁਰਤਿ ਨਹੀ ਮੁਖਿ ਕਾਲ ਗਇਆ॥੩॥	ਗ-ਇਆ	Jaa Jam Dhhaae Kaes Gehi Maarai Surath Nehee Mukh Kaal Gaeiaa ||3||	When the Messenger of Death grabs you by your hair, you will be punished. You are unconscious, and have fallen into Death's mouth. ||3||	ਜਦੋਂ ਜਮ ਅਚਨਚੇਤ ਆ ਕੇ ਤੈਨੂੰ ਕੇਸਾਂ ਤੋਂ ਫੜ ਕੇ ਪਟਕਾ ਕੇ ਮਾਰੇਗਾ, ਕਾਲ ਦੇ ਮੂੰਹ ਵਿਚ ਪਹੁੰਚੇ ਹੋਏ ਨੂੰ ਤੈਨੂੰ (ਸਿਮਰਨ ਦੀ) ਸੁਰਤ ਨਹੀਂ ਆ ਸਕੇਗੀ ॥੩॥

38919	906	ਅਹਿ ਨਿਸਿ ਨਿੰਦਾ ਤਾਤਿ ਪਰਾਈ ਹਿਰਦੈ ਨਾਮੁ ਨ ਸਰਬ ਦਇਆ॥		Ahinis Nindhaa Thaath Paraaee Hiradhai Naam N Sarab Dhaeiaa ||	Day and night, you jealously slander others; in your heart, you have neither the Naam, nor compassion for all.	ਦਿਨ ਰਾਤ ਤੂੰ ਪਰਾਈ ਨਿੰਦਾ ਕਰਦਾ ਹੈਂ ਦੂਜਿਆਂ ਨਾਲ ਈਰਖਾ ਕਰਦਾ ਹੈਂ। ਤੇਰੇ ਹਿਰਦੇ ਵਿਚ ਨਾਹ ਪਰਮਾਤਮਾ ਦਾ ਨਾਮ ਹੈ ਤੇ ਨਾਹ ਸਭ ਜੀਵਾਂ ਵਾਸਤੇ ਦਇਆ-ਪਿਆਰ।
38920	906	ਬਿਨੁ ਗੁਰ ਸਬਦ ਨ ਗਤਿ ਪਤਿ ਪਾਵਹਿ ਰਾਮ ਨਾਮ ਬਿਨੁ ਨਰਕਿ ਗਇਆ ॥੪॥		Bin Gur Sabadh N Gath Path Paavehi Raam Naam Bin Narak Gaeiaa ||4||	Without the Word of the Guru's Shabad, you will not find salvation or honor. Without the Lord's Name, you shall go to hell. ||4||	ਗੁਰੂ ਦੇ ਸ਼ਬਦ ਤੋਂ ਬਿਨਾ ਨਾਹ ਤੂੰ ਉੱਚੀ ਆਤਮਕ ਅਵਸਥਾ ਹਾਸਲ ਕਰ ਸਕੇਂਗਾ ਨਾਹ ਹੀ (ਲੋਕ ਪਰਲੋਕ ਦੀ) ਇੱਜ਼ਤ। ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਤੂੰ ਨਰਕ ਵਿਚ ਪਿਆ ਹੋਇਆ ਹੈਂ ॥੪॥
38921	906	ਖਿਨ ਮਹਿ ਵੇਸ ਕਰਹਿ ਨਟੂਆ ਜਿਉ ਮੋਹ ਪਾਪ ਮਹਿ ਗਲਤੁ ਗਇਆ॥		Khin Mehi Vaes Karehi Nattooaa Jio Moh Paap Mehi Galath Gaeiaa ||	In an instant, you change into various costumes, like a juggler; you are entangled in emotional attachment and sin.	(ਹੇ ਜੀਵ! ਮਾਇਆ ਦੀ ਖ਼ਾਤਰ) ਤੂੰ ਖਿਨ-ਪਲ ਵਿਚ ਸ੍ਵਾਂਗੀ ਵਾਂਗ ਕਈ ਰੂਪ ਧਾਰਦਾ ਹੈਂ। ਤੂੰ ਮੋਹ ਵਿਚ ਪਾਪਾਂ ਵਿਚ ਗ਼ਲਤਾਨ ਹੋਇਆ ਪਿਆ ਹੈਂ।

38922	906	ਇਤ ਉਤ ਮਾਇਆ ਦੇਖਿ ਪਸਾਰੀ ਮੋਹ ਮਾਇਆ ਕੈ ਮਗਨੁ ਭਇਆ॥੫॥		Eith Outh Maaeiaa Dhaekh Pasaaree Moh Maaeiaa Kai Magan Bhaeiaa ||5||	You gaze here and there upon the expanse of Maya; you are intoxicated with attachment to Maya. ||5||	ਹਰ ਪਾਸੇ ਮਾਇਆ ਦਾ ਖਿਲਾਰਾ ਵੇਖ ਕੇ ਤੂੰ ਮਾਇਆ ਦੇ ਮੋਹ ਵਿਚ ਮਸਤ ਹੋ ਰਿਹਾ ਹੈਂ ॥੫॥
38923	906	ਕਰਹਿ ਬਿਕਾਰ ਵਿਥਾਰ ਘਨੇਰੇ ਸੁਰਤਿ ਸਬਦ ਬਿਨੁ ਭਰਮਿ ਪਇਆ॥		Karehi Bikaar Vithhaar Ghanaerae Surath Sabadh Bin Bharam Paeiaa ||	You act in corruption, and put on ostentatious shows, but without awareness of the Shabad, you have fallen into confusion.	(ਹੇ ਝੱਲੇ ਜੀਵ!) ਤੂੰ ਵਿਕਾਰਾਂ ਦੀ ਖ਼ਾਤਰ ਅਨੇਕਾਂ ਖਿਲਾਰੇ ਖਿਲਾਰਦਾ ਹੈਂ ਗੁਰੂ ਦੇ ਸ਼ਬਦ ਦੀ ਲਗਨ ਤੋਂ ਬਿਨਾ ਤੂੰ (ਵਿਕਾਰਾਂ ਦੀ) ਭਟਕਣਾ ਵਿਚ ਭਟਕਦਾ ਹੈਂ।
38924	906	ਹਉਮੈ ਰੋਗੁ ਮਹਾ ਦੁਖੁ ਲਾਗਾ ਗੁਰਮਤਿ ਲੇਵਹੁ ਰੋਗੁ ਗਇਆ॥੬॥		Houmai Rog Mehaa Dhukh Laagaa Guramath Laevahu Rog Gaeiaa ||6||	You suffer great pain from the disease of egotism. Following the Guru's Teachings, you shall be rid of this disease. ||6||	ਤੈਨੂੰ ਹਉਮੈ ਦਾ ਵੱਡਾ ਰੋਗ ਵੱਡਾ ਦੁੱਖ ਚੰਬੜਿਆ ਹੋਇਆ ਹੈ। ਜੇ ਤੂੰ ਚਾਹੁੰਦਾ ਹੈਂ ਇਹ ਰੋਗ ਦੂਰ ਹੋ ਜਾਏ ਤਾਂ ਗੁਰੂ ਦੀ ਸਿੱਖਿਆ ਲੈ ॥੬॥

38925	906	ਸੁਖ ਸੰਪਤਿ ਕਉ ਆਵਤ ਦੇਖੈ ਸਾਕਤ ਮਨਿ ਅਭਿਮਾਨੁ ਭਇਆ॥		Sukh Sanpath Ko Aavath Dhaekhai Saakath Man Abhimaan Bhaeiaa ||	Seeing peace and wealth come to him, the faithless cynic become proud in his mind.	ਮਾਇਆ-ਵੇੜ੍ਹਿਆ ਜੀਵ ਜਦੋਂ ਸੁਖਾਂ ਨੂੰ ਤੇ ਧਨ ਨੂੰ ਆਉਂਦਾ ਵੇਖਦਾ ਹੈ ਤਾਂ ਇਸ ਦੇ ਮਨ ਵਿਚ ਅਹੰਕਾਰ ਪੈਦਾ ਹੁੰਦਾ ਹੈ।
38926	906	ਜਿਸ ਕਾ ਇਹੁ ਤਨੁ ਧਨੁ ਸੋ ਫਿਰਿ ਲੇਵੈ ਅੰਤਰਿ ਸਹਸਾ ਦੂਖੁ ਪਇਆ॥੭॥		Jis Kaa Eihu Than Dhhan So Fir Laevai Anthar Sehasaa Dhookh Paeiaa ||7||	But He who owns this body and wealth, takes them back again, and then the mortal feels anxiety and pain deep within. ||7||	ਪਰ ਜਿਸ ਪਰਮਾਤਮਾ ਦਾ ਦਿੱਤਾ ਹੋਇਆ ਇਹ ਸਰੀਰ ਤੇ ਧਨ ਹੈ ਉਹ ਮੁੜ ਮੋੜ ਲੈਂਦਾ ਹੈ। ਮਾਇਆ-ਵੇੜ੍ਹੇ ਜੀਵ ਨੂੰ ਸਦਾ ਇਹੀ ਸਹਿਮ ਦਾ ਰੋਗ ਖਾਈ ਜਾਂਦਾ ਹੈ ॥੭॥
38927	906	ਅੰਤਿ ਕਾਲਿ ਕਿਛੁ ਸਾਥਿ ਨ ਚਾਲੈ ਜੋ ਦੀਸੈ ਸਭੁ ਤਿਸਹਿ ਮਇਆ॥		Anth Kaal Kishh Saathh N Chaalai Jo Dheesai Sabh Thisehi Maeiaa ||	At the very last instant, nothing goes along with you; all is visible only by His Mercy.	(ਹੇ ਜੀਵ! ਇਹ ਸਰੀਰ, ਇਹ ਧਨ, ਇਹ ਸੋਨਾ, ਇਹ ਇਸਤ੍ਰੀ) ਜੋ ਕੁਝ ਦਿੱਸ ਰਿਹਾ ਹੈ, ਇਹ ਸਭ ਕੁਝ ਉਸ ਪਰਮਾਤਮਾ ਦੀ ਮੇਹਰ ਸਦਕਾ ਮਿਲਿਆ ਹੋਇਆ ਹੈ, ਪਰ ਅੰਤ ਵੇਲੇ ਇਹਨਾਂ ਵਿਚੋਂ ਭੀ (ਕਿਸੇ ਦੇ) ਨਾਲ ਨਹੀਂ ਜਾ ਸਕਦਾ।

38928	906	ਆਦਿ ਪੁਰਖੁ ਅਪਰੰਪਰੁ ਸੋ ਪ੍ਰਭੁ ਹਰਿ ਨਾਮੁ ਰਿਦੈ ਲੈ ਪਾਰਿ ਪਇਆ॥੮॥	ਅਪ-ਰੰਪਰੁ	Aadh Purakh Aparanpar So Prabh Har Naam Ridhai Lai Paar Paeiaa ||8||	God is our Primal and Infinite Lord; enshrining the Lord's Name in the heart, one crosses over. ||8||	(ਦੁਨੀਆ ਦੇ ਇਹ ਪਦਾਰਥ ਦੇਣ ਵਾਲਾ) ਉਹ ਪਰਮਾਤਮਾ ਸਾਰੇ ਜਗਤ ਦਾ ਮੂਲ ਹੈ, ਸਭ ਵਿਚ ਵਿਆਪਕ ਹੈ, ਬੇਅੰਤ ਹੈ। ਜੇਹੜਾ ਮਨੁੱਖ ਉਸ ਦਾ ਨਾਮ ਆਪਣੇ ਹਿਰਦੇ ਵਿਚ ਟਿਕਾਂਦਾ ਹੈ, ਉਹ (ਸੰਸਾਰ-ਸਮੁੰਦਰ ਦੀਆਂ ਮੋਹ ਦੀਆਂ ਲਹਿਰਾਂ ਵਿਚੋਂ) ਪਾਰ ਲੰਘ ਜਾਂਦਾ ਹੈ ॥੮॥
38929	906	ਮੂਏ ਕਉ ਰੋਵਹਿ ਕਿਸਹਿ ਸੁਣਾਵਹਿ ਭੈ ਸਾਗਰ ਅਸਰਾਲਿ ਪਇਆ॥	(ਅਸਰਾਲਿ)ਭਿਆਨਕ	Mooeae Ko Rovehi Kisehi Sunaavehi Bhai Saagar Asaraal Paeiaa ||	You weep for the dead, but who hears you weeping? The dead have fallen to the serpent in the terrifying world-ocean.	(ਹੇ ਸਾਕਤ ਜੀਵ! ਮਰਨਾ ਤਾਂ ਸਭਨਾਂ ਨੇ ਹੈ, ਫਿਰ ਤੂੰ ਆਪਣੇ ਕਿਸੇ) ਮਰੇ ਸੰਬੰਧੀ ਨੂੰ ਰੋਂਦਾ ਹੈਂ ਤੇ (ਰੋ ਰੋ ਕੇ) ਕਿਸ ਨੂੰ ਸੁਣਾਂਦਾ ਹੈ? (ਪਰਮਾਤਮਾ ਦੀ ਯਾਦ ਤੋਂ ਖੁੰਝ ਕੇ) ਤੂੰ ਬੜੇ ਡਰਾਉਣੇ ਸੰਸਾਰ-ਸਮੁੰਦਰ ਵਿਚ ਗੋਤੇ ਖਾ ਰਿਹਾ ਹੈਂ।
38930	906	ਦੇਖਿ ਕੁਟੰਬੁ ਮਾਇਆ ਗ੍ਰਿਹ ਮੰਦਰੁ ਸਾਕਤੁ ਜੰਜਾਲਿ ਪਰਾਲਿ ਪਇਆ॥੯॥		Dhaekh Kuttanb Maaeiaa Grih Mandhar Saakath Janjaal Paraal Paeiaa ||9||	Gazing upon his family, wealth, household and mansions, the faithless cynic is entangled in worthless worldly affairs. ||9||	ਮਾਇਆ-ਵੇੜ੍ਹਿਆ ਜੀਵ ਆਪਣੇ ਪਰਵਾਰ ਨੂੰ, ਧਨ ਨੂੰ, ਸੋਹਣੇ ਘਰਾਂ ਨੂੰ ਵੇਖ ਵੇਖ ਕੇ ਨਿਕੰਮੇ ਜੰਜਾਲ ਵਿਚ ਫਸਿਆ ਪਿਆ ਹੈ ॥੯॥

38931	907	ਜਾ ਆਏ ਤਾ ਤਿਨਹਿ ਪਠਾਏ ਚਾਲੇ ਤਿਨੈ ਬੁਲਾਇ ਲਇਆ॥		Jaa Aaeae Thaa Thinehi Pathaaeae Chaalae Thinai Bulaae Laeiaa ||	He comes when the Lord sends him; when the Lord calls him back, he goes.	ਅਸੀਂ ਜੀਵ ਜਦੋਂ ਸੰਸਾਰ ਵਿਚ ਆਉਂਦੇ ਹਾਂ ਤਾਂ ਉਸ ਪਰਮਾਤਮਾ ਨੇ ਹੀ ਸਾਨੂੰ ਭੇਜਿਆ ਹੁੰਦਾ ਹੈ, ਇਥੋਂ ਜਾਂਦੇ ਹਾਂ ਤਦੋਂ ਭੀ ਉਸੇ ਨੇ ਬੁਲਾ ਭੇਜਿਆ ਹੁੰਦਾ ਹੈ।
38932	907	ਜੋ ਕਿਛੁ ਕਰਣਾ ਸੋ ਕਰਿ ਰਹਿਆ ਬਖਸਣਹਾਰੈ ਬਖਸਿ ਲਇਆ॥੧੦॥		Jo Kishh Karanaa So Kar Rehiaa Bakhasanehaarai Bakhas Laeiaa ||10||	Whatever he does, the Lord is doing. The Forgiving Lord forgives him. ||10||	ਜੋ ਕੁਝ ਉਹ ਪ੍ਰਭੂ ਕਰਨਾ ਚਾਹੁੰਦਾ ਹੈ ਉਹ ਕਰ ਰਿਹਾ ਹੈ। (ਅਸੀਂ ਜੀਵ ਉਸ ਦੀ ਰਜ਼ਾ ਨੂੰ ਭੁੱਲ ਜਾਂਦੇ ਹਾਂ, ਪਰ) ਉਹ ਬਖ਼ਸ਼ਣਹਾਰ ਹੈ ਉਹ ਬਖ਼ਸ਼ ਲੈਂਦਾ ਹੈ ॥੧੦॥
38933	907	ਜਿਨਿ ਏਹੁ ਚਾਖਿਆ ਰਾਮ ਰਸਾਇਣੁ ਤਿਨ ਕੀ ਸੰਗਤਿ ਖੋਜੁ ਭਇਆ॥		Jin Eaehu Chaakhiaa Raam Rasaaein Thin Kee Sangath Khoj Bhaeiaa ||	I seek to be with those who have tasted this sublime essence of the Lord.	(ਜੇ ਜੀਵ!) ਪਰਮਾਤਮਾ ਦਾ ਨਾਮ ਸਾਰੇ ਆਨੰਦ ਰਸ ਦੇਣ ਵਾਲਾ ਹੈ, ਜਿਸ ਜਿਸ ਬੰਦੇ ਨੇ ਇਹ ਨਾਮ-ਰਸ ਚੱਖ ਲਿਆ ਹੈ ਉਹਨਾਂ ਦੀ ਸੰਗਤ ਵਿਚ ਰਿਹਾਂ ਇਸ ਭੇਤ ਦੀ ਸਮਝ ਆਉਂਦੀ ਹੈ।

38934	907	ਰਿਧਿ ਸਿਧਿ ਬੁਧਿ ਗਿਆਨੁ ਗੁਰੂ ਤੇ ਪਾਇਆ ਮੁਕਤਿ ਪਦਾਰਥੁ ਸਰਣਿ ਪਇਆ॥੧੧॥		Ridhh Sidhh Budhh Giaan Guroo Thae Paaeiaa Mukath Padhaarathh Saran Paeiaa ||11||	Wealth, miraculous spiritual powers, wisdom and spiritual knowledge, are obtained from the Guru. The treasure of liberation is obtained in His Sanctuary. ||11||	ਗੁਰੂ ਦੀ ਸਰਨ ਪੈ ਕੇ ਗੁਰੂ ਤੋਂ ਹੀ ਪਰਮਾਤਮਾ ਦਾ ਨਾਮ-ਪਦਾਰਥ ਮਿਲਦਾ ਹੈ, ਇਸ ਨਾਮ ਵਿਚ ਸਭ ਕਰਾਮਾਤੀ ਤਾਕਤਾਂ ਹਨ, ਉੱਚੀ ਅਕਲ ਹੈ, ਸਹੀ ਜੀਵਨ-ਰਾਹ ਦੀ ਸੂਝ ਹੈ, ਤੇ ਇਸ ਨਾਮ ਨਾਲ ਹੀ ਮਾਇਆ ਦੇ ਮੋਹ ਤੋਂ ਖ਼ਲਾਸੀ ਮਿਲਦੀ ਹੈ ॥੧੧॥
38935	907	ਦੁਖੁ ਸੁਖੁ ਗੁਰਮੁਖਿ ਸਮ ਕਰਿ ਜਾਣਾ ਹਰਖ ਸੋਗ ਤੇ ਬਿਰਕਤੁ ਭਇਆ॥	ਬਿ-ਰਕਤੁ	Dhukh Sukh Guramukh Sam Kar Jaanaa Harakh Sog Thae Birakath Bhaeiaa ||	The Gurmukh looks upon pain and pleasure as one and the same; he remains untouched by joy and sorrow.	ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ (ਵਾਪਰਦੇ) ਦੁੱਖ ਸੁਖ ਨੂੰ ਇਕੋ ਜਿਹਾ ਜਾਣਦਾ ਹੈ, ਉਹ ਖ਼ੁਸ਼ੀ ਗ਼ਮੀ ਤੋਂ ਨਿਰਲੇਪ ਰਹਿੰਦਾ ਹੈ।
38936	907	ਆਪੁ ਮਾਰਿ ਗੁਰਮੁਖਿ ਹਰਿ ਪਾਏ ਨਾਨਕ ਸਹਜਿ ਸਮਾਇ ਲਇਆ॥੧੨॥੭॥		Aap Maar Guramukh Har Paaeae Naanak Sehaj Samaae Laeiaa ||12||7||	Conquering his self-conceit, the Gurmukh finds the Lord; O Nanak, he intuitively merges into the Lord. ||12||7||	ਹੇ ਨਾਨਕ! ਗੁਰੂ ਦੀ ਸਰਨ ਪਿਆ ਮਨੁੱਖ ਆਪਾ-ਭਾਵ ਮਾਰ ਕੇ ਪਰਮਾਤਮਾ ਨੂੰ ਮਿਲ ਪੈਂਦਾ ਹੈ ਤੇ ਅਡੋਲ ਆਤਮਕ ਅਵਸਥਾ ਵਿਚ ਰਹਿੰਦਾ ਹੈ ॥੧੨॥੭॥
38937	907	ਰਾਮਕਲੀ ਦਖਣੀ ਮਹਲਾ ੧॥	ਦੱਖਣੀ	Raamakalee Dhakhanee Mehalaa 1 ||	Raamkalee, Dakhanee, First Mehl:	

38938	907	ਜਤੁ ਸਤੁ ਸੰਜਮੁ ਸਾਚੁ ਦ੍ਰਿੜਾਇਆ ਸਾਚ ਸਬਦਿ ਰਸਿ ਲੀਣਾ॥੧॥	ਸੱਤੁ	Jath Sath Sanjam Saach Dhrirraaeiaa Saach Sabadh Ras Leenaa ||1||	Abstinence, chastity, self-control and truthfulness have been implanted within me; I am imbued with the sublime essence of the True Word of the Shabad. ||1||	(ਮੇਰਾ ਗੁਰੂ) ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ-ਰਸ ਵਿਚ ਲੀਨ ਰਹਿੰਦਾ ਹੈ ਮੇਰੇ ਗੁਰੂ ਨੇ ਮੈਨੂੰ ਇਹ ਯਕੀਨ ਕਰਾ ਦਿੱਤਾ ਹੈ ਕਿ ਕਾਮ-ਵਾਸ਼ਨਾ ਤੋਂ ਬਚੇ ਰਹਿਣਾ, ਉੱਚਾ ਆਚਰਨ, ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਰੋਕਣਾ, ਤੇ ਸਦਾ-ਥਿਰ ਪ੍ਰਭੂ ਦਾ ਸਿਮਰਨ-ਇਹੀ ਹੈ ਸਹੀ ਜੀਵਨ ॥੧॥
38939	907	ਮੇਰਾ ਗੁਰੁ ਦਇਆਲੁ ਸਦਾ ਰੰਗਿ ਲੀਣਾ॥		Maeraa Gur Dhaeiaal Sadhaa Rang Leenaa ||	My Merciful Guru remains forever imbued with the Lord's Love.	ਮੇਰਾ ਗੁਰੂ ਦਇਆ ਦਾ ਘਰ ਹੈ, ਉਹ ਸਦਾ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ।
38940	907	ਅਹਿ ਨਿਸਿ ਰਹੈ ਏਕ ਲਿਵ ਲਾਗੀ ਸਾਚੇ ਦੇਖਿ ਪਤੀਣਾ॥੧॥ਰਹਾਉ॥		Ahinis Rehai Eaek Liv Laagee Saachae Dhaekh Patheenaa ||1|| Rehaao ||	Day and night, He remains lovingly focused on the One Lord; gazing upon the True Lord, He is pleased. ||1||Pause||	(ਮੇਰੇ ਗੁਰੂ ਦੀ) ਸੁਰਤ ਦਿਨ ਰਾਤ ਇਕ ਪਰਮਾਤਮਾ (ਦੇ ਚਰਨਾਂ) ਵਿਚ ਲੱਗੀ ਰਹਿੰਦੀ ਹੈ, (ਮੇਰਾ ਗੁਰੂ) ਸਦਾ-ਥਿਰ ਪਰਮਾਤਮਾ ਦਾ (ਹਰ ਥਾਂ) ਦੀਦਾਰ ਕਰ ਕੇ (ਉਸ ਦੀਦਾਰ ਵਿਚ) ਮਸਤ ਰਹਿੰਦਾ ਹੈ ॥੧॥ ਰਹਾਉ ॥

38941	907	ਰਹੈ ਗਗਨਪੁਰਿ ਦ੍ਰਿਸਟਿ ਸਮੈਸਰਿ ਅਨਹਤ ਸਬਦਿ ਰੰਗੀਣਾ॥੨॥	(ਗਗਨ-ਪੁਰਿ)ਪੂਰਨਬ੍ਰਹਮ ਚ। ਦੁਸ਼ਮਣ ਮਿੱਤ੍ਰ, ਦੁੱਖ ਸੁਖ, ਮਾਨ ਅਪਮਾਨ, ਜੰਮਣ ਮਰਨ ਖੁਸ਼ੀ ਗਮੀ ਅਮੀਰੀ ਗ੍ਰੀਬੀ ਚ ਸਮੈਸਰਿ)ਇੱਕੋ ਜੇਹੀ ਦ੍ਰਿਸ਼ਟੀ। ਸਮੈ-ਸਰਿ	Rehai Gagan Pur Dhrisatt Samaisar Anehath Sabadh Rangeenaa ||2||	He abides in the Tenth Gate, and looks equally upon all; He is imbued with the unstruck sound current of the Shabad. ||2||	(ਮੇਰੇ ਗੁਰੂ) ਸਦਾ ਉੱਚੀ ਅਡੋਲ ਆਤਮਕ ਅਵਸਥਾ ਵਿਚ ਟਿਕਿਆ ਰਹਿੰਦਾ ਹੈ, (ਮੇਰੇ ਗੁਰੂ ਦੀ) (ਪਿਆਰ-ਭਰੀ) ਨਿਗਾਹ (ਸਭ ਵਲ) ਇਕੋ ਜਿਹੀ ਹੈ। (ਮੇਰਾ ਗੁਰੂ) ਉਸ ਸ਼ਬਦ ਵਿਚ ਰੰਗਿਆ ਹੋਇਆ ਹੈ ਜਿਸ ਦੀ ਧੁਨਿ ਉਸ ਦੇ ਅੰਦਰ ਇਕ-ਰਸ ਹੋ ਰਹੀ ਹੈ ॥੨॥
38942	907	ਸਤੁ ਬੰਧਿ ਕੁਪੀਨ ਭਰਿਪੁਰਿ ਲੀਣਾ ਜਿਹਵਾ ਰੰਗਿ ਰਸੀਣਾ॥੩॥	ਸੱਤੁ	Sath Bandhh Kupeen Bharipur Leenaa Jihavaa Rang Raseenaa ||3||	Wearing the loin-cloth of chastity, He remains absorbed in the all-pervading Lord; His tongue enjoys the taste of God's Love. ||3||	ਉੱਚਾ ਆਚਰਨ (-ਰੂਪ) ਲੰਗੋਟ ਬੰਨ੍ਹ ਕੇ (ਮੇਰਾ ਗੁਰੂ) ਸਰਬ-ਵਿਆਪਕ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦਾ ਹੈ, ਉਸ ਦੀ ਜੀਭ (ਪ੍ਰਭੂ ਦੇ) ਪ੍ਰੇਮ ਵਿਚ ਰਸੀ ਰਹਿੰਦੀ ਹੈ ॥੩॥
38943	907	ਮਿਲੈ ਗੁਰ ਸਾਚੇ ਜਿਨਿ ਰਚੁ ਰਾਚੇ ਕਿਰਤੁ ਵੀਚਾਰਿ ਪਤੀਣਾ॥੪॥		Milai Gur Saachae Jin Rach Raachae Kirath Veechaar Patheenaa ||4||	The One who created the creation has met the True Guru; contemplating the Guru's lifestyle, He is pleased. ||4||	ਕਦੇ ਉਕਾਈ ਨਾਹ ਖਾਣ ਵਾਲੇ (ਮੇਰੇ) ਗੁਰੂ ਨੂੰ ਉਹ ਪਰਮਾਤਮਾ ਸਦਾ ਮਿਲਿਆ ਰਹਿੰਦਾ ਹੈ ਜਿਸ ਨੇ ਜਗਤ-ਰਚਨਾ ਰਚੀ ਹੈ, ਉਸ ਦੀ ਜਗਤ-ਕਿਰਤ ਨੂੰ ਵੇਖ ਵੇਖ ਕੇ (ਮੇਰਾ ਗੁਰੂ ਉਸ ਦੀ ਸਰਬ-ਸਮਰੱਥਾ ਵਿਚ) ਨਿਸ਼ਚਾ ਰੱਖਦਾ ਹੈ ॥੪॥

38944	907	ੲੇਕ ਮਹਿ ਸਰਬ ਸਰਬ ਮਹਿ ੲੇਕਾ ੲੇਹ ਸਤਿਗੁਰਿ ਦੇਖਿ ਦਿਖਾਈ॥੫॥		Eaek Mehi Sarab Sarab Mehi Eaekaa Eaeh Sathigur Dhaekh Dhikhaaee ||5||	All are in the One, and the One is in all. This is what the True Guru has shown me. ||5||	ਸ੍ਰਿਸ਼ਟੀ ਦੇ ਸਾਰੇ ਹੀ ਜੀਵ ਇਕ ਪਰਮਾਤਮਾ ਵਿਚ ਹਨ (ਭਾਵ, ਇਕ ਪ੍ਰਭੂ ਹੀ ਸਭ ਦੀ ਜ਼ਿੰਦਗੀ ਦਾ ਆਧਾਰ ਹੈ), ਸਾਰੇ ਜੀਵਾਂ ਵਿਚ ਇਕ ਪਰਮਾਤਮਾ ਵਿਆਪਕ ਹੈ-ਇਹ ਕੌਤਕ (ਮੇਰੇ) ਗੁਰੂ ਨੇ (ਆਪ) ਵੇਖ ਕੇ (ਮੈਨੂੰ) ਵਿਖਾ ਦਿੱਤਾ ਹੈ ॥੫॥
38945	907	ਜਿਨਿ ਕੀਏ ਖੰਡ ਮੰਡਲ ਬ੍ਰਹਮੰਡਾ ਸੋ ਪ੍ਰਭੁ ਲਖਨੁ ਨ ਜਾਈ॥੬॥		Jin Keeeae Khandd Manddal Brehamanddaa So Prabh Lakhan N Jaaee ||6||	He who created the worlds, solar systems and galaxies - that God cannot be known. ||6||	(ਮੇਰੇ ਗੁਰੂ ਨੇ ਹੀ ਮੈਨੂੰ ਦੱਸਿਆ ਹੈ ਕਿ) ਜਿਸ ਪ੍ਰਭੂ ਨੇ ਸਾਰੇ ਖੰਡ ਮੰਡਲ ਬ੍ਰਹਿਮੰਡ ਬਣਾਏ ਹਨ ਉਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ ॥੬॥
38946	907	ਦੀਪਕ ਤੇ ਦੀਪਕੁ ਪਰਗਾਸਿਆ ਤ੍ਰਿਭਵਣ ਜੋਤਿ ਦਿਖਾਈ॥੭॥		Dheepak Thae Dheepak Paragaasiaa Thribhavan Joth Dhikhaaee ||7||	From the lamp of God, the lamp within is lit; the Divine Light illuminates the three worlds. ||7||	(ਗੁਰੂ ਨੇ ਆਪਣੀ ਰੌਸ਼ਨ ਜੋਤਿ ਦੇ) ਦੀਵੇ ਤੋਂ (ਮੇਰੇ ਅੰਦਰ) ਦੀਵਾ ਜਗਾ ਦਿੱਤਾ ਹੈ ਤੇ ਮੈਨੂੰ ਉਹ (ਰੱਬੀ) ਜੋਤਿ ਵਿਖਾ ਦਿੱਤੀ ਹੈ, ਜੋ ਤਿੰਨਾਂ ਭਵਨਾਂ ਵਿਚ ਮੌਜੂਦ ਹੈ ॥੭॥

38947	907	ਸਚੈ ਤਖਤਿ ਸਚ ਮਹਲੀ ਬੈਠੇ ਨਿਰਭਉ ਤਾੜੀ ਲਾਈ॥੮॥		Sachai Thakhath Sach Mehalee Baithae Nirabho Thaarree Laaee ||8||	The Guru sits on the true throne in the true mansion; He is attuned, absorbed in the Fearless Lord. ||8||	(ਮੇਰਾ ਗੁਰੂ ਇਕ ਐਸਾ ਨਾਥਾਂ ਦਾ ਭੀ ਨਾਥ ਹੈ ਜੋ) ਸਦਾ ਅਟੱਲ ਰਹਿਣ ਵਾਲੇ ਅਡੋਲਤਾ ਦੇ ਤਖ਼ਤ ਉਤੇ ਬੈਠਾ ਹੋਇਆ ਹੈ ਜੋ ਸਦਾ-ਥਿਰ ਰਹਿਣ ਵਾਲੇ ਮਹਿਲ ਵਿਚ ਬੈਠਾ ਹੋਇਆ ਹੈ, (ਉਥੇ ਆਸਣ ਜਮਾਈ) ਬੈਠੇ (ਮੇਰੇ ਗੁਰੂ-ਜੋਗੀ) ਨੇ ਨਿਡਰਤਾ ਦੀ ਸਮਾਧੀ ਲਾਈ ਹੋਈ ਹੈ ॥੮॥
38948	907	ਮੋਹਿ ਗਇਆ ਬੈਰਾਗੀ ਜੋਗੀ ਘਟਿ ਘਟਿ ਕਿੰਗੁਰੀ ਵਾਈ॥੯॥		Mohi Gaeiaa Bairaagee Jogee Ghatt Ghatt Kinguree Vaaee ||9||	The Guru, the detached Yogi, has enticed the hearts of all; He plays His harp in each and every heart. ||9||	ਮਾਇਆ ਤੋਂ ਨਿਰਲੇਪ ਮੇਰੇ ਜੋਗੀ ਗੁਰੂ ਨੇ (ਸਾਰੇ ਸੰਸਾਰ ਨੂੰ) ਮੋਹ ਲਿਆ ਹੈ, ਉਸ ਨੇ ਹਰੇਕ ਦੇ ਅੰਦਰ (ਆਤਮਕ ਜੀਵਨ ਦੀ ਰੌ) ਕਿੰਗੁਰੀ ਵਜਾ ਦਿੱਤੀ ਹੈ ॥੯॥
38949	907	ਨਾਨਕ ਸਰਣਿ ਪ੍ਰਭੂ ਕੀ ਛੂਟੇ ਸਤਿਗੁਰ ਸਚੁ ਸਖਾਈ॥੧੦॥੮॥		Naanak Saran Prabhoo Kee Shhoottae Sathigur Sach Sakhaaee ||10||8||	O Nanak, in God's Sanctuary, one is emancipated; the True Guru becomes our true help and support. ||10||8||	ਹੇ ਨਾਨਕ! ਸਦਾ-ਥਿਰ ਰਹਿਣ ਵਾਲਾ ਪਰਮਾਤਮਾ (ਮੇਰੇ) ਗੁਰੂ ਦਾ ਮਿੱਤਰ ਹੈ, ਗੁਰੂ ਦੀ ਰਾਹੀਂ ਪ੍ਰਭੂ ਦੀ ਸਰਨ ਪੈ ਕੇ ਜੀਵ (ਮਾਇਆ ਦੇ ਮੋਹ ਤੋਂ) ਬਚ ਜਾਂਦੇ ਹਨ ॥੧੦॥੮॥
38950	907	ਰਾਮਕਲੀ ਮਹਲਾ ੧॥		Raamakalee Mehalaa 1 ||	Raamkalee, First Mehl:	

38951	907	ਅਉ ਹਠਿ ਹਸਤ ਮੜੀ ਘਰੁ ਛਾਇਆ ਧਰਣਿ ਗਗਨ ਕਲ ਧਾਰੀ॥੧॥	ਜਿਨ੍ਹਾਂ ਨੇ (ਗਗਨ)ਅਕਾਸ। (ਧਰਣਿ)ਧਰਤੀ।ਅਪਨੀ ਕਲ ਸ਼ਕਤੀ ਨਾਲ (ਧਾਰੀ)ਟਿਕਾਈ ਹੈ, ਉਹ ਗੁਰਮੁਖਿ ਜੀ ਦੇ ਮੜੀ ਸ੍ਰੀਰਅਉਅਤੇ ਹਠਿਰਿਦੇ ਘਰੁ ਸਤਿਸੰਗਤ ਚ ਛਾਇਆ ਪੂਰਨ ਹਸਤ ਹੋ ਰਹੇ ਹਨ। ਮੜ੍ਹੀ। ਹਠਿ ਕਲ ਪ	Aouhath Hasath Marree Ghar Shhaaeiaa Dhharan Gagan Kal Dhhaaree ||1||	He has made His home in the monastery of the heart; He has infused His power into the earth and the sky. ||1||	ਧਰਤੀ ਅਕਾਸ਼ ਨੂੰ ਆਪਣੀ ਸੱਤਿਆ ਨਾਲ ਟਿਕਾ ਰੱਖਣ ਵਾਲਾ ਪਰਮਾਤਮਾ (ਜਿਸ ਜੀਵ ਨੂੰ ਮਾਇਆ-ਮੋਹ ਆਦਿਕ ਤੋਂ ਬਚਾਂਦਾ ਹੈ ਉਸ ਦੇ) ਹਿਰਦੇ ਵਿਚ ਟਿਕ ਕੇ ਉਸ ਦੇ ਸਰੀਰ ਨੂੰ ਆਪਣੇ ਰਹਿਣ ਲਈ ਘਰ ਬਣਾ ਲੈਂਦਾ ਹੈ (ਭਾਵ, ਉਸ ਦੇ ਅੰਦਰ ਆਪਣਾ ਆਪ ਪਰਗਟ ਕਰਦਾ ਹੈ) ॥੧॥
38952	907	ਗੁਰਮੁਖਿ ਕੇਤੀ ਸਬਦਿ ਉਧਾਰੀ ਸੰਤਹੁ॥੧॥ਰਹਾਉ॥		Guramukh Kaethee Sabadh Oudhhaaree Santhahu ||1|| Rehaao ||	Through the Word of the Shabad, the Gurmukhs have saved so very many, O Saints. ||1||Pause||	ਹੇ ਸੰਤ ਜਨੋ! ਗੁਰੂ ਦੇ ਸਨਮੁਖ ਕਰ ਕੇ ਗੁਰੂ ਦੇ ਸ਼ਬਦ ਵਿਚ ਜੋੜ ਕੇ ਪਰਮਾਤਮਾ ਬੇਅੰਤ ਲੁਕਾਈ ਨੂੰ (ਹਉਮੈ ਮਮਤਾ ਕਾਮਾਦਿਕ ਤੋਂ) ਬਚਾਂਦਾ (ਚਲਿਆ ਆ ਰਿਹਾ) ਹੈ ॥੧॥ ਰਹਾਉ ॥
38953	907	ਮਮਤਾ ਮਾਰਿ ਹਉਮੈ ਸੋਖੈ ਤ੍ਰਿਭਵਣਿ ਜੋਤਿ ਤੁਮਾਰੀ॥੨॥		Mamathaa Maar Houmai Sokhai Thribhavan Joth Thumaaree ||2||	He conquers attachment, and eradicates egotism, and sees Your Divine Light pervading the three worlds, Lord. ||2||	ਹੇ ਪ੍ਰਭੂ! (ਗੁਰੂ ਦੀ ਰਾਹੀਂ ਜਿਸ ਮਨੁੱਖ ਦਾ ਤੂੰ ਉੱਧਾਰ ਕਰਦਾ ਹੈਂ) ਉਹ ਅਪਣੱਤ ਨੂੰ (ਆਪਣੇ ਅੰਦਰੋਂ) ਮਾਰ ਕੇ ਹਉਮੈ ਨੂੰ ਭੀ ਮੁਕਾ ਲੈਂਦਾ ਹੈ, ਤੇ ਉਸ ਨੂੰ ਇਸ ਤ੍ਰਿ-ਭਵਨੀ ਜਗਤ ਵਿਚ ਤੇਰੀ ਹੀ ਜੋਤਿ ਨਜ਼ਰੀਂ ਆਉਂਦੀ ਹੈ ॥੨॥

38954	907	ਮਨਸਾ ਮਾਰਿ ਮਨੈ ਮਹਿ ਰਾਖੈ ਸਤਿਗੁਰ ਸਬਦਿ ਵੀਚਾਰੀ॥੩॥		Manasaa Maar Manai Mehi Raakhai Sathigur Sabadh Veechaaree ||3||	He conquers desire, and enshrines the Lord within his mind; he contemplates the Word of the True Guru's Shabad. ||3||	(ਹੇ ਪ੍ਰਭੂ! ਜਿਸ ਜੀਵ ਨੂੰ ਤੂੰ ਤਾਰਦਾ ਹੈਂ) ਉਹ ਗੁਰੂ ਦੇ ਸ਼ਬਦ ਦੀ ਰਾਹੀਂ ਉੱਚੀ ਵਿਚਾਰ ਦਾ ਮਾਲਕ ਹੋ ਕੇ ਆਪਣੇ ਮਨ ਦੇ ਮਾਇਕ ਫੁਰਨਿਆਂ ਨੂੰ ਮੁਕਾ ਕੇ (ਤੇਰੀ ਯਾਦ ਨੂੰ) ਆਪਣੇ ਮਨ ਵਿਚ ਟਿਕਾਂਦਾ ਹੈ ॥੩॥
38955	907	ਸਿੰਙੀ ਸੁਰਤਿ ਅਨਾਹਦਿ ਵਾਜੈ ਘਟਿ ਘਟਿ ਜੋਤਿ ਤੁਮਾਰੀ॥੪॥		Sinn(g)ee Surath Anaahadh Vaajai Ghatt Ghatt Joth Thumaaree ||4||	The horn of consciousness vibrates the unstruck sound current; Your Light illuminates each and every heart, Lord. ||4||	(ਹੇ ਪ੍ਰਭੂ! ਜਿਸ ਉਤੇ ਤੇਰੀ ਮੇਹਰ ਹੁੰਦੀ ਹੈ ਉਹ ਹੈ ਅਸਲ ਜੋਗੀ, ਉਸ ਦੀ) ਸੁਰਤ ਤੇਰੇ ਨਾਸ-ਰਹਿਤ ਸਰੂਪ ਵਿਚ ਟਿਕਦੀ ਹੈ (ਇਹ, ਮਾਨੋ, ਉਸ ਦੇ ਅੰਦਰ ਜੋਗੀ ਵਾਲੀ) ਸਿੰਙੀ ਵੱਜਦੀ ਹੈ, ਉਸ ਨੂੰ ਹਰੇਕ ਸਰੀਰ ਵਿਚ ਤੇਰੀ ਹੀ ਜੋਤਿ ਦਿੱਸਦੀ ਹੈ (ਉਹ ਕਿਸੇ ਨੂੰ ਤਿਆਗ ਕੇ ਜੰਗਲੀਂ ਪਹਾੜੀਂ ਨਹੀਂ ਭਟਕਦਾ) ॥੪॥
38956	907	ਪਰਪੰਚਬੇਣੁ ਤਹੀ ਮਨੁ ਰਾਖਿਆ ਬ੍ਰਹਮ ਅਗਨਿ ਪਰਜਾਰੀ॥੫॥	(ਪਰ-ਪੰਚਬੇਣ)ਅਨਹਤ ਪੰਚ ਸਬਦ ਰੂਪ ਵੀਣਾ।ਪਰ-ਜਾਰੀ	Parapanch Baen Thehee Man Raakhiaa Breham Agan Parajaaree ||5||	He plays the flute of the universe in his mind, and lights the fire of God. ||5||	(ਗੁਰੂ ਦੇ ਸ਼ਬਦ ਵਿਚ ਟਿਕਿਆ ਹੋਇਆ ਮਨੁੱਖ ਅਸਲ ਜੋਗੀ ਹੈ,) ਉਹ ਆਪਣੇ ਮਨ ਨੂੰ ਉਸ ਪਰਮਾਤਮਾ ਵਿਚ ਜੋੜੀ ਰੱਖਦਾ ਹੈ ਜਿਸ ਵਿਚ ਜਗਤ-ਰਚਨਾ ਦੀ ਬੀਣਾ ਸਦਾ ਵੱਜ ਰਹੀ ਹੈ, ਉਹ ਆਪਣੇ ਅੰਦਰ ਰੱਬੀ ਜੋਤਿ ਚੰਗੀ ਤਰ੍ਹਾਂ ਜਗਾ ਲੈਂਦਾ ਹੈ ॥੫॥

38957	907	ਪੰਚ ਤਤੁ ਮਿਲਿ ਅਹਿ ਨਿਸਿ ਦੀਪਕੁ ਨਿਰਮਲ ਜੋਤਿ ਅਪਾਰੀ॥੬॥		Panch Thath Mil Ahinis Dheepak Niramal Joth Apaaree ||6||	Bringing together the five elements, day and night, the Lord's lamp shines with the Immaculate Light of the Infinite. ||6||	(ਹੇ ਅਉਧੂ! ਜਿਸ ਮਨੁੱਖ ਨੂੰ ਪਰਮਾਤਮਾ ਗੁਰੂ ਦੀ ਸਰਨ ਪਾ ਕੇ ਆਤਮ-ਉੱਧਾਰ ਦੇ ਰਸਤੇ ਪਾਂਦਾ ਹੈ) ਉਹ ਮਨੁੱਖ ਇਸ ਪੰਜ-ਤੱਤੀ ਮਨੁੱਖਾ ਸਰੀਰ ਨੂੰ ਹਾਸਲ ਕਰ ਕੇ (ਜੰਗਲੀਂ ਪਹਾੜੀਂ ਜਾ ਕੇ ਇਸ ਨੂੰ ਸੁਆਹ ਵਿਚ ਨਹੀਂ ਰੋਲਦਾ, ਉਹ ਤਾਂ) ਬੇਅੰਤ ਪਰਮਾਤਮਾ ਦੀ ਪਵਿੱਤਰ ਜੋਤਿ ਦਾ ਦੀਵਾ ਦਿਨ ਰਾਤ (ਆਪਣੇ ਅੰਦਰ ਜਗਾਈ ਰੱਖਦਾ ਹੈ) ॥੬॥
38958	907	ਰਵਿ ਸਸਿ ਲਉਕੇ ਇਹੁ ਤਨੁ ਕਿੰਗੁਰੀ ਵਾਜੈ ਸਬਦੁ ਨਿਰਾਰੀ॥੭॥	ਬਿਬੇਕ ਰੂਪ (ਰਵਿ)ਸੂਰਜ। ਵੈਰਾਗ ਰੂਪ(ਸਸਿ) ਚੰਦ। ਲਉਕੇ ਤੂੰਬੇ	Rav Sas Loukae Eihu Than Kinguree Vaajai Sabadh Niraaree ||7||	The right and left nostrils, the sun and the moon channels, are the strings of the body-harp; they vibrate the wondrous melody of the Shabad. ||7||	(ਹੇ ਅਉਧੂ! ਪ੍ਰਭੂ ਦੀ ਕਿਰਪਾ ਦਾ ਪਾਤਰ ਬਣਿਆ ਹੋਇਆ ਮਨੁੱਖ ਆਪਣੇ ਇਸ ਸਰੀਰ ਨੂੰ ਕਿੰਗੁਰੀ ਬਣਾਂਦਾ ਹੈ, ਸੁਆਸ ਸੁਆਸ ਨਾਮ ਜਪਣ ਨੂੰ ਇਸ ਸਰੀਰ-ਕਿੰਗੁਰੀ ਦੇ ਤੂੰਬੇ ਬਣਾਂਦਾ ਹੈ, ਉਸ ਦੇ ਅੰਦਰ ਗੁਰੂ ਦਾ ਸ਼ਬਦ ਅਨੋਖੀ ਖਿੱਚ ਨਾਲ ਵੱਜਦਾ ਹੈ (ਭਾਵ, ਗੁਰੂ ਦਾ ਸ਼ਬਦ ਉਸ ਦੇ ਅੰਦਰ ਸੁਆਦਲਾ ਪ੍ਰੇਮ-ਰਾਗ ਪੈਦਾ ਕਰਦਾ ਹੈ) ॥੭॥

38959	907	ਸਿਵ ਨਗਰੀ ਮਹਿ ਆਸਣੁ ਅਉਧੂ ਅਲਖੁ ਅਗੰਮੁ ਅਪਾਰੀ॥੮॥	ਨੱਗਰੀ ਅ-ਲਖੁ ਪੋਲਾ	Siv Nagaree Mehi Aasan Aoudhhoo Alakh Aganm Apaaree ||8||	The true hermit obtains a seat in the City of God, the invisible, inaccessible, infinite. ||8||	ਹੇ ਅਉਧੂ! (ਜਿਸ ਮਨੁੱਖ ਨੂੰ ਪਰਮਾਤਮਾ ਗੁਰੂ ਦੇ ਸ਼ਬਦ ਦੀ ਰਾਹੀਂ ਉੱਧਾਰਦਾ ਹੈ, ਉਹ) ਉਸ ਆਤਮਕ ਅਵਸਥਾ-ਰੂਪ ਨਗਰੀ ਵਿਚ ਅਡੋਲ-ਚਿੱਤ ਹੋ ਕੇ ਜੁੜਦਾ ਹੈ ਜਿਥੇ ਕੱਲਿਆਣ-ਸਰੂਪ ਪ੍ਰਭੂ ਦਾ ਹੀ ਪ੍ਰਭਾਵ ਹੈ, ਜਿੱਥੇ ਉਸ ਦੇ ਅੰਦਰ ਅਲੱਖ ਅਪਹੁੰਚ ਤੇ ਬੇਅੰਤ ਪਰਮਾਤਮਾ ਪਰਗਟ ਹੋ ਪੈਂਦਾ ਹੈ (ਉਹ ਉੱਚੀ ਆਤਮਕ ਅਵਸਥਾ ਹੀ ਗੁਰਸਿੱਖ ਜੋਗੀ ਦੀ ਸ਼ਿਵ-ਨਗਰੀ ਹੈ) ॥੮॥
38960	907	ਕਾਇਆ ਨਗਰੀ ਇਹੁ ਮਨੁ ਰਾਜਾ ਪੰਚ ਵਸਹਿ ਵੀਚਾਰੀ॥੯॥	ਨੱਗਰੀ	Kaaeiaa Nagaree Eihu Man Raajaa Panch Vasehi Veechaaree ||9||	The mind is the king of the city of the body; the five sources of knowledge dwell within it. ||9||	(ਹੇ ਅਉਧੂ! ਪ੍ਰਭੂ ਤੋਂ ਵਰੋਸਾਏ ਹੋਏ ਮਨੁੱਖ ਦਾ ਇਹ) ਸਰੀਰ (ਮਾਨੋ, ਵੱਸਦਾ) ਸ਼ਹਿਰ ਬਣ ਜਾਂਦਾ ਹੈ ਜਿਸ ਵਿਚ ਪੰਜੇ ਗਿਆਨ-ਇੰਦ੍ਰੇ ਵਿਚਾਰਵਾਨ ਹੋ ਕੇ (ਉੱਚੀ ਆਤਮਕ ਸੂਝ-ਬੂਝ ਵਾਲੇ ਹੋ ਕੇ) ਵੱਸਦੇ ਹਨ (ਭਾਵ, ਵਿਕਾਰਾਂ ਦੇ ਪਿੱਛੇ ਭਟਕਦੇ ਨਹੀਂ ਫਿਰਦੇ, ਵਰੋਸਾਏ ਮਨੁੱਖ ਦਾ) ਇਹ ਮਨ (ਸਰੀਰ-ਨਗਰੀ ਵਿਚ) ਰਾਜਾ ਬਣ ਜਾਂਦਾ ਹੈ (ਕਾਮਾਦਿਕਾਂ ਨੂੰ ਵੱਸ ਵਿਚ ਰੱਖੀ ਬੈਠਦਾ ਹੈ) ॥੯॥

38961	907	ਸਬਦਿ ਰਵੈ ਆਸਣਿ ਘਰਿ ਰਾਜਾ ਅਦਲੁ ਕਰੇ ਗੁਣਕਾਰੀ॥੧੦॥		Sabadh Ravai Aasan Ghar Raajaa Adhal Karae Gunakaaree ||10||	Seated in his home, this king chants the Shabad; he administers justice and virtue. ||10||	(ਹੇ ਅਉਧੂ! ਜਿਸ ਮਨੁੱਖ ਦਾ, ਪਰਮਾਤਮਾ ਗੁਰੂ ਦੇ ਸ਼ਬਦ ਦੀ ਰਾਹੀਂ, ਉੱਧਾਰ ਕਰਦਾ ਹੈ ਉਸ ਦਾ ਮਨ ਕਾਮਾਦਿਕਾਂ ਉਤੇ) ਬਲੀ ਹੋ ਕੇ (ਆਤਮਕ ਅਡੋਲਤਾ ਦੇ) ਆਸਣ ਉਤੇ ਬੈਠਦਾ ਹੈ ਆਪਣੇ ਅੰਦਰ ਹੀ ਟਿਕਿਆ ਰਹਿੰਦਾ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਦਾ ਸਿਮਰਨ ਕਰਦਾ ਰਹਿੰਦਾ ਹੈ, ਨਿਆਂ ਕਰਦਾ ਹੈ (ਭਾਵ, ਸਾਰੇ ਇੰਦ੍ਰਿਆਂ ਨੂੰ ਆਪੋ ਆਪਣੀ ਹੱਦ ਵਿਚ ਰੱਖਦਾ ਹੈ), ਤੇ ਪਰਉਪਕਾਰੀ ਹੋ ਜਾਂਦਾ ਹੈ ॥੧੦॥
38962	907	ਕਾਲੁ ਬਿਕਾਲੁ ਕਹੇ ਕਹਿ ਬਪੁਰੇ ਜੀਵਤ ਮੂਆ ਮਨੁ ਮਾਰੀ॥੧੧॥		Kaal Bikaal Kehae Kehi Bapurae Jeevath Mooaa Man Maaree ||11||	What can poor death or birth say to him? Conquering his mind, he remains dead while yet alive. ||11||	(ਹੇ ਅਉਧੂ! ਜਿਸ ਮਨੁੱਖ ਉਤੇ ਪ੍ਰਭੂ ਦੀ ਮੇਹਰ ਹੁੰਦੀ ਹੈ ਉਹ ਧੂਣੀਆਂ ਤਪਾ ਤਪਾ ਕੇ ਨਹੀਂ ਸੜਦਾ, ਉਹ ਤਾਂ ਇਹ ਸੰਸਾਰਕ ਜੀਵਨ) ਜੀਊਂਦਾ ਹੀ (ਹਉਮੈ ਮਮਤਾ ਕਾਮਾਦਿਕਾਂ ਵਲੋਂ) ਮਰ ਜਾਂਦਾ ਹੈ, ਉਹ ਆਪਣੇ ਮਨ ਨੂੰ (ਇਹਨਾਂ ਵਲੋਂ) ਮਾਰ ਦੇਂਦਾ ਹੈ, (ਇਸ ਅਵਸਥਾ ਵਿਚ ਪਹੁੰਚੇ ਹੋਏ ਦਾ) ਵਿਚਾਰੇ ਜਨਮ ਮਰਨ ਕੁਝ ਵਿਗਾੜ ਨਹੀਂ ਸਕਦੇ ॥੧੧॥

38963	908	ਬ੍ਰਹਮਾ ਬਿਸਨੁ ਮਹੇਸ ਇਕ ਮੂਰਤਿ ਆਪੇ ਕਰਤਾ ਕਾਰੀ॥੧੨॥		Brehamaa Bisan Mehaes Eik Moorath Aapae Karathaa Kaaree ||12||	Brahma, Vishnu and Shiva are manifestations of the One God. He Himself is the Doer of deeds. ||12||	(ਹੇ ਅਉਧੂ! ਉਸ ਮਨੁੱਖ ਨੂੰ ਇਹ ਸਮਝ ਆ ਜਾਂਦੀ ਹੈ ਕਿ) ਕਰਤਾਰ ਆਪ ਹੀ ਸਭ ਕੁਝ ਕਰਨ ਦੇ ਸਮਰੱਥ ਹੈ, ਬ੍ਰਹਮਾ ਵਿਸ਼ਨੂੰ ਤੇ ਸ਼ਿਵ ਉਸ ਇਕ ਪਰਮਾਤਮਾ (ਦੀ ਇਕ ਇਕ ਤਾਕਤ) ਦਾ ਸਰੂਪ (ਮਿਥੇ ਗਏ) ਹਨ ॥੧੨॥
38964	908	ਕਾਇਆ ਸੋਧਿ ਤਰੈ ਭਵ ਸਾਗਰੁ ਆਤਮ ਤਤੁ ਵੀਚਾਰੀ॥੧੩॥		Kaaeiaa Sodhh Tharai Bhav Saagar Aatham Thath Veechaaree ||13||	One who purifies his body, crosses over the terrifying world-ocean; he contemplates the essence of his own soul. ||13||	(ਹੇ ਅਉਧੂ! ਉਹ ਮਨੁੱਖ) ਹਰੇਕ ਆਤਮਾ ਦੇ ਮਾਲਕ ਪਰਮਾਤਮਾ (ਦੀ ਯਾਦ) ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਂਦਾ ਹੈ ਤੇ (ਜੰਗਲਾਂ ਪਹਾੜਾਂ ਵਿਚ ਭਟਕਣ ਦੇ ਥਾਂ) ਆਪਣੇ ਸਰੀਰ ਨੂੰ (ਵਿਕਾਰਾਂ ਵਲੋਂ) ਪਵਿਤ੍ਰ ਰੱਖ ਕੇ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੧੩॥
38965	908	ਗੁਰ ਸੇਵਾ ਤੇ ਸਦਾ ਸੁਖੁ ਪਾਇਆ ਅੰਤਰਿ ਸਬਦੁ ਰਵਿਆ ਗੁਣਕਾਰੀ॥੧੪॥		Gur Saevaa Thae Sadhaa Sukh Paaeiaa Anthar Sabadh Raviaa Gunakaaree ||14||	Serving the Guru, he finds everlasting peace; deep within, the Shabad permeates him, coloring him with virtue. ||14||	(ਹੇ ਅਉਧੂ! ਉਸ ਮਨੁੱਖ ਨੇ) ਗੁਰੂ ਦੀ ਦੱਸੀ ਸੇਵਾ ਤੋਂ ਹੀ ਸਦਾ ਲਈ ਆਤਮਕ ਆਨੰਦ ਲੱਭ ਲਿਆ ਹੈ, ਉਸ ਦੇ ਅੰਦਰ (ਸੁੱਚੇ) ਆਤਮਕ ਗੁਣ ਪੈਦਾ ਕਰਨ ਵਾਲਾ ਗੁਰੂ ਦਾ ਸ਼ਬਦ ਸਦਾ ਟਿਕਿਆ ਰਹਿੰਦਾ ਹੈ ॥੧੪॥

38966	908	ਆਪੇ ਮੇਲਿ ਲਏ ਗੁਣਦਾਤਾ ਹਉਮੈ ਤ੍ਰਿਸਨਾ ਮਾਰੀ॥੧੫॥		Aapae Mael Leae Gunadhaathaa Houmai Thrisanaa Maaree ||15||	The Giver of virtue unites with Himself, one who conquers egotism and desire. ||15||	(ਹੇ ਅਉਧੂ! ਜਿਸ ਉਤੇ ਮੇਹਰ ਕਰਦਾ ਹੈ ਉਸ ਨੂੰ) ਆਤਮਕ ਗੁਣ ਪੈਦਾ ਕਰਨ ਵਾਲਾ ਪਰਮਾਤਮਾ ਆਪ ਹੀ (ਗੁਰਮੁਖਾਂ ਦੀ) ਸੰਗਤ ਵਿਚ ਮਿਲਾਂਦਾ ਹੈ, ਉਸ ਦੇ ਅੰਦਰੋਂ ਹਉਮੈ ਤੇ ਮਾਇਆ ਦੀ ਤ੍ਰਿਸ਼ਨਾ ਮੁਕਾ ਦੇਂਦਾ ਹੈ ॥੧੫॥
38967	908	ਤ੍ਰੈ ਗੁਣ ਮੇਟੇ ਚਉਥੈ ਵਰਤੈ ਏਹਾ ਭਗਤਿ ਨਿਰਾਰੀ॥੧੬॥		Thrai Gun Maettae Chouthhai Varathai Eaehaa Bhagath Niraaree ||16||	Eradicating the three qualities, dwell in the fourth state. This is the unparalleled devotional worship. ||16||	(ਉਹ ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ) ਮਾਇਆ ਦੇ ਤਿੰਨ ਗੁਣਾਂ ਦਾ ਪ੍ਰਭਾਵ ਮਿਟਾ ਲੈਂਦਾ ਹੈ, ਉਸ ਉੱਚੀ ਆਤਮਕ ਅਵਸਥਾ ਵਿਚ ਟਿਕਿਆ ਰਹਿੰਦਾ ਹੈ ਜਿਥੇ ਇਹਨਾਂ ਤਿੰਨਾਂ ਦਾ ਜ਼ੋਰ ਨਹੀਂ ਚੜ੍ਹਦਾ, (ਜੰਗਲਾਂ ਪਹਾੜਾਂ ਵਿਚ ਭਟਕਣ ਨਾਲੋਂ ਉਸ ਨੂੰ) ਇਹ ਭਗਤੀ ਹੀ ਅਨੋਖੀ ਖਿੱਚ ਪਾਂਦੀ ਹੈ ॥੧੬॥
38968	908	ਗੁਰਮੁਖਿ ਜੋਗ ਸਬਦਿ ਆਤਮੁ ਚੀਨੈ ਹਿਰਦੈ ਏਕੁ ਮੁਰਾਰੀ॥੧੭॥		Guramukh Jog Sabadh Aatham Cheenai Hiradhai Eaek Muraaree ||17||	This is the Yoga of the Gurmukh: Through the Shabad, he understands his own soul, and he enshrines within his heart the One Lord. ||17||	(ਹੇ ਅਉਧੂ!) ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਨ ਦੇ ਜੋਗ (-ਸਾਧਨ) ਦੀ ਰਾਹੀਂ ਆਪਣੇ ਆਤਮਕ ਜੀਵਨ ਨੂੰ ਪਰਖਦਾ ਰਹਿੰਦਾ ਹੈ ਤੇ ਆਪਣੇ ਹਿਰਦੇ ਵਿਚ ਇਕ ਪਰਮਾਤਮਾ (ਦੀ ਯਾਦ ਤੇ ਪ੍ਰੀਤ) ਨੂੰ ਵਸਾਈ ਰੱਖਦਾ ਹੈ ॥੧੭॥

38969	908	ਮਨੂਆ ਅਸਥਿਰੁ ਸਬਦੇ ਰਾਤਾ ਏਹਾ ਕਰਣੀ ਸਾਰੀ॥੧੮॥		Manooaa Asathhir Sabadhae Raathaa Eaehaa Karanee Saaree ||18||	Imbued with the Shabad, his mind becomes steady and stable; this is the most excellent action. ||18||	(ਹੇ ਅਉਧੂ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਾ ਮਨ ਸਦਾ) ਗੁਰੂ ਦੇ ਸ਼ਬਦ ਵਿਚ ਰੰਗਿਆ ਰਹਿੰਦਾ ਹੈ। (ਇਸ ਵਾਸਤੇ ਉਸ ਦਾ) ਮਨ (ਵਿਕਾਰਾਂ ਵਲ ਡੋਲਣ ਦੇ ਥਾਂ ਪ੍ਰਭੂ-ਪ੍ਰੀਤ ਵਿਚ) ਟਿਕਿਆ ਰਹਿੰਦਾ ਹੈ। (ਮਨੁੱਖਾ ਜੀਵਨ ਵਿਚ) ਇਹ ਹੀ ਕਰਨ-ਜੋਗ ਕਾਰ ਉਸ ਨੂੰ ਸ੍ਰੇਸ਼ਟ ਜਾਪਦੀ ਹੈ ॥੧੮॥
38970	908	ਬੇਦੁ ਬਾਦੁ ਨ ਪਾਖੰਡੁ ਅਉਧੂ ਗੁਰਮੁਖਿ ਸਬਦਿ ਬੀਚਾਰੀ॥੧੯॥		Baedh Baadh N Paakhandd Aoudhhoo Guramukh Sabadh Beechaaree ||19||	This true hermit does not enter into religious debates or hypocrisy; the Gurmukh contemplates the Shabad. ||19||	ਹੇ ਅਉਧੂ! ਵੇਦ (ਆਦਿਕ ਧਰਮ-ਪੁਸਤਕਾਂ) ਨੂੰ (ਪੜ੍ਹ ਕੇ ਉਹਨਾਂ ਦੀ) ਚਰਚਾ ਨੂੰ (ਉਹ ਮਨੁੱਖ) ਨਹੀਂ ਕਬੂਲਦਾ (ਪਸੰਦ ਨਹੀਂ ਕਰਦਾ, ਆਤਮਕ ਜੀਵਨ ਦੇ ਰਾਹ ਵਿਚ ਇਸ ਨੂੰ ਉਹ) ਪਖੰਡ (ਸਮਝਦਾ ਹੈ)। ਉਹ ਤਾਂ ਗੁਰੂ ਦੀ ਸਰਨ ਪੈ ਕੇ ਗੁਰੂ ਦੇ ਸ਼ਬਦ ਦੀ ਬਰਕਤ ਨਾਲ ਉੱਚੀ ਆਤਮਕ ਵਿਚਾਰ ਦਾ ਮਾਲਕ ਬਣਦਾ ਹੈ ॥੧੯॥

38971	908	ਗੁਰਮੁਖਿ ਜੋਗੁ ਕਮਾਵੈ ਅਉਧੂ ਜਤੁ ਸਤੁ ਸਬਦਿ ਵੀਚਾਰੀ॥੨੦॥		Guramukh Jog Kamaavai Aoudhhoo Jath Sath Sabadh Veechaaree ||20||	The Gurmukh practices Yoga - he is the true hermit; he practices abstinence and truth, and contemplates the Shabad. ||20||	ਹੇ ਅਉਧੂ! (ਜਿਸ ਮਨੁੱਖ ਨੂੰ ਪਰਮਾਤਮਾ ਉੱਧਾਰਦਾ ਹੈ ਉਹ) ਗੁਰੂ ਦੇ ਦੱਸੇ ਰਾਹ ਤੇ ਤੁਰਦਾ ਹੈ, ਇਹੀ ਜੋਗ (ਉਹ) ਕਮਾਂਦਾ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਉੱਚੀ ਆਤਮਕ ਵਿਚਾਰ ਦਾ ਮਾਲਕ ਬਣਦਾ ਹੈ, ਇਹੀ ਹੈ ਉਸ ਦਾ ਜਤ ਤੇ ਸਤ (ਕਾਇਮ ਰੱਖਣ ਦਾ ਤਰੀਕਾ) ॥੨੦॥
38972	908	ਸਬਦਿ ਮਰੈ ਮਨੁ ਮਾਰੇ ਅਉਧੂ ਜੋਗ ਜੁਗਤਿ ਵੀਚਾਰੀ॥੨੧॥		Sabadh Marai Man Maarae Aoudhhoo Jog Jugath Veechaaree ||21||	One who dies in the Shabad and conquers his mind is the true hermit; he understands the Way of Yoga. ||21||	ਹੇ ਅਉਧੂ! ਉਸ ਮਨੁੱਖ ਨੇ ਜੋਗ ਦੀ (ਪਰਮਾਤਮਾ ਨਾਲ ਜੁੜਨ ਦੀ) ਇਹ ਜੁਗਤਿ ਸਮਝੀ ਹੈ ਕਿ ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ ਹਉਮੈ ਮਮਤਾ ਆਦਿਕ ਵਲੋਂ) ਮੁਰਦਾ ਹੋ ਜਾਂਦਾ ਹੈ ਆਪਣੇ ਮਨ ਨੂੰ (ਵਿਕਾਰਾਂ ਵਲੋਂ) ਕਾਬੂ ਵਿਚ ਰੱਖਦਾ ਹੈ ॥੨੧॥
38973	908	ਮਾਇਆ ਮੋਹੁ ਭਵਜਲੁ ਹੈ ਅਵਧੂ ਸਬਦਿ ਤਰੈ ਕੁਲ ਤਾਰੀ॥੨੨॥		Maaeiaa Mohu Bhavajal Hai Avadhhoo Sabadh Tharai Kul Thaaree ||22||	Attachment to Maya is the terrifying world-ocean; through the Shabad, the true hermit saves himself, and his ancestors as well. ||22||	ਹੇ ਅਉਧੂ! ਮਾਇਆ ਦਾ ਮੋਹ ਘੁੰਮਣ ਘੇਰੀ ਹੈ (ਜਿਸ ਮਨੁੱਖ ਦਾ ਪਰਮਾਤਮਾ ਉੱਧਾਰ ਕਰਦਾ ਹੈ ਉਹ) ਗੁਰੂ ਦੇ ਸ਼ਬਦ ਵਿਚ ਜੁੜ ਕੇ (ਇਸ ਵਿਚੋਂ) ਪਾਰ ਲੰਘ ਜਾਂਦਾ ਹੈ ਤੇ ਆਪਣੀਆਂ ਕੁਲਾਂ ਨੂੰ ਭੀ ਪਾਰ ਲੰਘਾ ਲੈਂਦਾ ਹੈ ॥੨੨॥

38974	908	ਸਬਦਿ ਸੂਰ ਜੁਗ ਚਾਰੇ ਅਉਧੂ ਬਾਣੀ ਭਗਤਿ ਵੀਚਾਰੀ॥੨੩॥		Sabadh Soor Jug Chaarae Aoudhhoo Baanee Bhagath Veechaaree ||23||	Contemplating the Shabad, you shall be a hero throughout the four ages, O hermit; contemplate the Word of the Guru's Bani in devotion. ||23||	ਹੇ ਅਉਧੂ! ਜੇਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦੇ ਹਨ ਉਹ ਚੌਹਾਂ ਜੁਗਾਂ ਵਿਚ ਹੀ ਸੂਰਮੇ ਹਨ (ਭਾਵ, ਕਿਸੇ ਭੀ ਸਮੇ ਵਿਚ ਕਾਮਾਦਿਕ ਵਿਕਾਰ ਉਹਨਾਂ ਉਤੇ ਜ਼ੋਰ ਨਹੀਂ ਪਾ ਸਕਦੇ)। ਗੁਰੂ ਦੀ ਬਾਣੀ ਦੀ ਬਰਕਤਿ ਨਾਲ ਉਹ ਪਰਮਾਤਮਾ ਦੀ ਭਗਤੀ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਈ ਰੱਖਦੇ ਹਨ ॥੨੩॥
38975	908	ਏਹੁ ਮਨੁ ਮਾਇਆ ਮੋਹਿਆ ਅਉਧੂ ਨਿਕਸੈ ਸਬਦਿ ਵੀਚਾਰੀ॥੨੪॥		Eaehu Man Maaeiaa Mohiaa Aoudhhoo Nikasai Sabadh Veechaaree ||24||	This mind is enticed by Maya, O hermit; contemplating the Shabad, you shall find release. ||24||	ਹੇ ਅਉਧੂ! ਮਨੁੱਖ ਦਾ ਇਹ ਮਨ ਮਾਇਆ ਦੇ ਮੋਹ ਵਿਚ ਫਸ ਜਾਂਦਾ ਹੈ (ਪਰ ਇਸ ਵਿਚੋਂ ਨਿਕਲਣ ਦਾ ਇਹ ਤਰੀਕਾ ਨਹੀਂ ਕਿ ਮਨੁੱਖ ਜੰਗਲਾਂ ਵਿਚ ਜਾਂ ਪਹਾੜਾਂ ਦੀਆਂ ਗੁਫ਼ਾਂ ਵਿਚ ਜਾ ਕੇ ਟਿਕੇ, ਇਸ ਵਿਚੋਂ) ਉਹ ਮਨੁੱਖ ਨਿਕਲਦਾ ਹੈ ਜੋ ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਂਦਾ ਹੈ ॥੨੪॥

38976	908	ਆਪੇ ਬਖਸੇ ਮੇਲਿ ਮਿਲਾਏ ਨਾਨਕ ਸਰਣਿ ਤੁਮਾਰੀ॥੨੫॥੯॥		Aapae Bakhasae Mael Milaaeae Naanak Saran Thumaaree ||25||9||	He Himself forgives, and unites in His Union; Nanak seeks Your Sanctuary, Lord. ||25||9||	ਸੋ, ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰ-ਹੇ ਪ੍ਰਭੂ!) ਮੈਂ ਤੇਰੀ ਸਰਨ ਆਇਆ ਹਾਂ (ਮੈਨੂੰ ਮਾਇਆ ਦੇ ਮੋਹ ਵਿਚ ਫਸਣ ਤੋਂ ਬਚਾ ਲੈ)। (ਮਾਇਆ ਦੇ ਮੋਹ ਤੋਂ ਬਚਣਾ ਜੀਵਾਂ ਦੇ ਆਪਣੇ ਵੱਸ ਦੀ ਗੱਲ ਨਹੀਂ, ਅਰਦਾਸ ਸੁਣ ਕੇ) ਪਰਮਾਤਮਾ ਆਪ ਹੀ ਬਖ਼ਸ਼ਸ਼ ਕਰਦਾ ਹੈ ਤੇ ਆਪਣੀ ਸੰਗਤ ਵਿਚ ਮਿਲਾਂਦਾ ਹੈ ॥੨੫॥੯॥
38977	908	ਰਾਮਕਲੀ ਮਹਲਾ ੩ ਅਸਟਪਦੀਆ	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Raamakalee Mehalaa 3 Asattapadheeaa	Raamkalee, Third Mehl, Ashtapadees:	ਰਾਗ ਰਾਮਕਲੀ ਵਿੱਚ ਗੁਰੂ ਅਮਰਦਾਸ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
38978	908	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
38979	908	ਸਰਮੈ ਦੀਆ ਮੁੰਦ੍ਰਾ ਕੰਨੀ ਪਾਇ ਜੋਗੀ ਖਿੰਥਾ ਕਰਿ ਤੂ ਦਇਆ॥	ਕੰਨੀਂ	Saramai Dheeaa Mundhraa Kannee Paae Jogee Khinthhaa Kar Thoo Dhaeiaa ||	Make humility your ear-rings, Yogi, and compassion your patched coat.	ਹੇ ਜੋਗੀ! (ਇਹਨਾਂ ਕੱਚ ਦੀਆਂ ਮੁੰਦ੍ਰਾਂ ਦੇ ਥਾਂ) ਤੂੰ ਆਪਣੇ ਕੰਨਾਂ ਵਿਚ (ਉੱਚਾ ਆਤਮਕ ਜੀਵਨ ਬਣਾਣ ਲਈ) ਮਿਹਨਤ ਦੀਆਂ ਮੁੰਦ੍ਰਾਂ ਪਾ ਲੈ, ਅਤੇ ਦਇਆ ਨੂੰ ਤੂੰ ਆਪਣੀ ਕਫ਼ਨੀ ਬਣਾ।

38980	908	ਆਵਣੁ ਜਾਣੁ ਬਿਭੂਤਿ ਲਾਇ ਜੋਗੀ ਤਾ ਤੀਨਿ ਭਵਣ ਜਿਣਿ ਲਇਆ॥੧॥		Aavan Jaan Bibhooth Laae Jogee Thaa Theen Bhavan Jin Laeiaa ||1||	Let coming and going be the ashes you apply to your body, Yogi, and then you shall conquer the three worlds. ||1||	ਹੇ ਜੋਗੀ! ਜਨਮ ਮਰਨ ਦੇ ਗੇੜ ਦਾ ਡਰ ਚੇਤੇ ਰੱਖ-ਇਹ ਸੁਆਹ ਤੂੰ ਆਪਣੇ ਪਿੰਡੇ ਉਤੇ ਮਲ। (ਜੇ ਤੂੰ ਇਹ ਉੱਦਮ ਕਰੇਂਗਾ, ਤਾਂ ਸਮਝ ਲਈਂ ਕਿ) ਤੂੰ ਜਗਤ ਦਾ ਮੋਹ ਜਿੱਤ ਲਿਆ ॥੧॥
38981	908	ਐਸੀ ਕਿੰਗੁਰੀ ਵਜਾਇ ਜੋਗੀ॥		Aisee Kinguree Vajaae Jogee ||	Play that harp, Yogi,	ਹੇ ਜੋਗੀ! ਤੂੰ ਅਜਿਹੀ ਵੀਣਾ ਵਜਾਇਆ ਕਰ,
38982	908	ਜਿਤੁ ਕਿੰਗੁਰੀ ਅਨਹਦੁ ਵਾਜੈ ਹਰਿ ਸਿਉ ਰਹੈ ਲਿਵ ਲਾਇ॥੧॥ਰਹਾਉ॥		Jith Kinguree Anehadh Vaajai Har Sio Rehai Liv Laae ||1|| Rehaao ||	Which vibrates the unstruck sound current, and remain lovingly absorbed in the Lord. ||1||Pause||	ਜਿਸ ਵੀਣਾ ਦੇ ਵਜਾਣ ਨਾਲ (ਮਨੁੱਖ ਦੇ ਅੰਦਰ) ਉੱਚੇ ਆਤਮਕ ਜੀਵਨ ਦਾ ਇੱਕ-ਰਸ ਆਨੰਦ ਪੈਦਾ ਹੋ ਜਾਂਦਾ ਹੈ, ਅਤੇ ਮਨੁੱਖ ਪਰਮਾਤਮਾ ਵਿਚ ਸੁਰਤ ਜੋੜੀ ਰੱਖਦਾ ਹੈ ॥੧॥ ਰਹਾਉ ॥
38983	908	ਸਤੁ ਸੰਤੋਖੁ ਪਤੁ ਕਰਿ ਝੋਲੀ ਜੋਗੀ ਅੰਮ੍ਰਿਤ ਨਾਮੁ ਭੁਗਤਿ ਪਾਈ॥	ਸਤੁ।ਸੰਤੋਖੁ(ਪਤੁ)ਇੱਜ਼ਤ ਦੀ ਝੋਲੀ ਕਰਿ।(ਭੁਗਤਿ)ਭੋਜਨ। ਕਰਿ ਦੇਲ੍ਹੀ ਦੀਪਕ। ਪਤੁ:ਪੋਲਾ ਬੋਲੋ	Sath Santhokh Path Kar Jholee Jogee Anmrith Naam Bhugath Paaee ||	Make truth and contentment your plate and pouch, Yogi; take the Ambrosial Naam as your food.	ਹੇ ਜੋਗੀ! (ਦੂਜਿਆਂ ਦੀ) ਸੇਵਾ (ਕਰਿਆ ਕਰ, ਅਤੇ ਆਪਣੇ ਅੰਦਰ) ਸੰਤੋਖ (ਧਾਰਨ ਕਰ, ਇਹਨਾਂ ਦੋਹਾਂ) ਨੂੰ ਖੱਪਰ ਅਤੇ ਝੋਲੀ ਬਣਾ। ਆਤਮਕ ਜੀਵਨ ਦੇਣ ਵਾਲਾ ਨਾਮ (ਆਪਣੇ ਹਿਰਦੇ ਵਿਚ ਵਸਾਈ ਰੱਖੋ) ਇਹ ਚੂਰਮਾ ਪਾ (ਤੂੰ ਆਪਣੇ ਖੱਪਰ ਵਿਚ)।

38984	908	ਧਿਆਨ ਕਾ ਕਰਿ ਡੰਡਾ ਜੋਗੀ ਸਿੰਙੀ ਸੁਰਤਿ ਵਜਾਈ॥੨॥	ਵੱਜਾਈ	Dhhiaan Kaa Kar Ddanddaa Jogee Sinn(g)ee Surath Vajaaee ||2||	Make meditation your walking stick, Yogi, and make higher consciousness the horn you blow. ||2||	ਹੇ ਜੋਗੀ! ਪ੍ਰਭੂ-ਚਰਨਾਂ ਵਿਚ ਚਿੱਤ ਜੋੜੀ ਰੱਖਣ ਨੂੰ ਤੂੰ (ਆਪਣੇ ਹੱਥ ਦਾ) ਡੰਡਾ ਬਣਾ; ਪ੍ਰਭੂ ਵਿਚ ਸੁਰਤ ਟਿਕਾਈ ਰੱਖ- ਇਹ ਸਿੰਙੀ ਵਜਾਇਆ ਕਰ ॥੨॥
38985	908	ਮਨੁ ਦ੍ਰਿੜੁ ਕਰਿ ਆਸਣਿ ਬੈਸੁ ਜੋਗੀ ਤਾ ਤੇਰੀ ਕਲਪਣਾ ਜਾਈ॥		Man Dhrirr Kar Aasan Bais Jogee Thaa Thaeree Kalapanaa Jaaee ||	Make your stable mind the Yogic posture you sit in, Yogi, and then you shall be rid of your tormenting desires.	ਹੇ ਜੋਗੀ! (ਪ੍ਰਭੂ ਦੀ ਯਾਦ ਵਿਚ) ਆਪਣੇ ਮਨ ਨੂੰ ਪੱਕਾ ਕਰ- (ਇਸ) ਆਸਣ ਉਤੇ ਬੈਠਿਆ ਕਰ, (ਇਸ ਅੱਭਿਆਸ ਨਾਲ) ਤੇਰੇ ਮਨ ਦੀ ਖਿੱਝ ਦੂਰ ਹੋ ਜਾਇਗੀ।
38986	908	ਕਾਇਆ ਨਗਰੀ ਮਹਿ ਮੰਗਣਿ ਚੜਹਿ ਜੋਗੀ ਤਾ ਨਾਮੁ ਪਲੈ ਪਾਈ॥੩॥	ਨੱਗਰੀ ਚੜ੍ਹਹਿ ਪੱਲੈ	Kaaeiaa Nagaree Mehi Mangan Charrehi Jogee Thaa Naam Palai Paaee ||3||	Go begging in the village of the body, Yogi, and then, you shall obtain the Naam in your lap. ||3||	(ਤੂੰ ਆਟਾ ਮੰਗਣ ਲਈ ਨਗਰ ਵਲ ਤੁਰ ਪੈਂਦਾ ਹੈਂ, ਇਸ ਦੇ ਥਾਂ) ਜੇ ਤੂੰ ਆਪਣੇ ਸਰੀਰ-ਨਗਰ ਦੇ ਅੰਦਰ ਹੀ (ਟਿਕ ਕੇ ਪਰਮਾਤਮਾ ਦੇ ਦਰ ਤੋਂ ਉਸ ਦੇ ਨਾਮ ਦਾ ਦਾਨ) ਮੰਗਣਾ ਸ਼ੁਰੂ ਕਰ ਦੇਵੇਂ, ਤਾਂ, ਹੇ ਜੋਗੀ! ਤੈਨੂੰ (ਪਰਮਾਤਮਾ ਦਾ) ਨਾਮ ਪ੍ਰਾਪਤ ਹੋ ਜਾਇਗਾ ॥੩॥
38987	908	ਇਤੁ ਕਿੰਗੁਰੀ ਧਿਆਨੁ ਨ ਲਾਗੈ ਜੋਗੀ ਨਾ ਸਚੁ ਪਲੈ ਪਾਇ॥		Eith Kinguree Dhhiaan N Laagai Jogee Naa Sach Palai Paae ||	This harp does not center you in meditation, Yogi, nor does it bring the True Name into your lap.	ਹੇ ਜੋਗੀ! (ਜਿਹੜੀ ਕਿੰਗੁਰੀ ਤੂੰ ਵਜਾ ਰਿਹਾ ਹੈਂ) ਇਸ ਕਿੰਗੁਰੀ ਦੀ ਰਾਹੀਂ ਪ੍ਰਭੂ ਚਰਨਾਂ ਵਿਚ ਧਿਆਨ ਨਹੀਂ ਜੁੜ ਸਕਦਾ, ਨਾਹ ਹੀ ਇਸ ਤਰ੍ਹਾਂ ਸਦਾ-ਥਿਰ ਪ੍ਰਭੂ ਦਾ ਮਿਲਾਪ ਹੋ ਸਕਦਾ ਹੈ।

38988	908	ਇਤੁ ਕਿੰਗੁਰੀ ਸਾਂਤਿ ਨ ਆਵੈ ਜੋਗੀ ਅਭਿਮਾਨੁ ਨ ਵਿਚਹੁ ਜਾਇ॥੪॥		Eith Kinguree Saanth N Aavai Jogee Abhimaan N Vichahu Jaae ||4||	This harp does not bring you peace, Yogi, nor eliminate egotism from within you. ||4||	ਹੇ ਜੋਗੀ! (ਤੇਰੀ) ਇਸ ਕਿੰਗੁਰੀ ਦੀ ਰਾਹੀਂ ਮਨ ਵਿਚ ਸ਼ਾਂਤੀ ਪੈਦਾ ਨਹੀਂ ਹੋ ਸਕਦੀ, ਨਾਹ ਹੀ ਮਨ ਵਿਚੋਂ ਅਹੰਕਾਰ ਦੂਰ ਹੋ ਸਕਦਾ ਹੈ ॥੪॥
38989	908	ਭਉ ਭਾਉ ਦੁਇ ਪਤ ਲਾਇ ਜੋਗੀ ਇਹੁ ਸਰੀਰੁ ਕਰਿ ਡੰਡੀ॥	ਪਤਪਾੜ੍ਹ	Bho Bhaao Dhue Path Laae Jogee Eihu Sareer Kar Ddanddee ||	Make the Fear of God, and the Love of God, the two gourds of your lute, Yogi, and make this body its neck.	ਹੇ ਜੋਗੀ! ਤੂੰ ਆਪਣੇ ਇਸ ਸਰੀਰ ਨੂੰ (ਕਿੰਗੁਰੀ ਦੀ) ਡੰਡੀ ਬਣਾ ਅਤੇ (ਇਸ ਸਰੀਰ-ਡੰਡੀ ਨੂੰ) ਡਰ ਅਤੇ ਪਿਆਰ ਦੇ ਦੋ ਤੂੰਬੇ ਜੋੜ (ਭਾਵ, ਆਪਣੇ ਅੰਦਰ ਪ੍ਰਭੂ ਦਾ ਡਰ ਅਤੇ ਪਿਆਰ ਪੈਦਾ ਕਰ)।
38990	908	ਗੁਰਮੁਖਿ ਹੋਵਹਿ ਤਾ ਤੰਤੀ ਵਾਜੈ ਇਨ ਬਿਧਿ ਤ੍ਰਿਸਨਾ ਖੰਡੀ॥੫॥		Guramukh Hovehi Thaa Thanthee Vaajai Ein Bidhh Thrisanaa Khanddee ||5||	Become Gurmukh, and then vibrate the strings; in this way, your desires shall depart. ||5||	ਹੇ ਜੋਗੀ! ਜੇ ਤੂੰ ਹਰ ਵੇਲੇ ਗੁਰੂ ਦੇ ਸਨਮੁਖ ਹੋਇਆ ਰਹੇਂ ਤਾਂ (ਹਿਰਦੇ ਦੀ ਪ੍ਰੇਮ-) ਤਾਰ ਵੱਜ ਪਏਗੀ, ਇਸ ਤਰ੍ਹਾਂ (ਤੇਰੇ ਅੰਦਰੋਂ) ਤ੍ਰਿਸ਼ਨਾ ਮੁੱਕ ਜਾਇਗੀ ॥੫॥
38991	908	ਹੁਕਮੁ ਬੁਝੈ ਸੋ ਜੋਗੀ ਕਹੀਐ ਏਕਸ ਸਿਉ ਚਿਤੁ ਲਾਏ॥	ਬੁੱਝੈ	Hukam Bujhai So Jogee Keheeai Eaekas Sio Chith Laaeae ||	One who understands the Hukam of the Lord's Command is called a Yogi; he links his consciousness to the One Lord.	ਜਿਹੜਾ ਮਨੁੱਖ ਪਰਮਾਤਮਾ ਦੀ ਰਜ਼ਾ ਦੇ ਅਨੁਸਾਰ ਤੁਰਦਾ ਹੈ ਅਤੇ ਇਕ ਪਰਮਾਤਮਾ ਦੇ ਚਰਨਾਂ ਵਿਚ ਚਿੱਤ ਜੋੜੀ ਰੱਖਦਾ ਹੈ ਉਹ ਮਨੁੱਖ (ਅਸਲ) ਜੋਗੀ ਅਖਵਾਂਦਾ ਹੈ।

38992	908	ਸਹਸਾ ਤੂਟੈ ਨਿਰਮਲੁ ਹੋਵੈ ਜੋਗ ਜੁਗਤਿ ਇਵ ਪਾਏ॥੬॥		Sehasaa Thoottai Niramal Hovai Jog Jugath Eiv Paaeae ||6||	His cynicism is dispelled, and he becomes immaculately pure; this is how he finds the Way of Yoga. ||6||	(ਉਸ ਦੇ ਅੰਦਰੋਂ) ਸਹਿਮ ਦੂਰ ਹੋ ਜਾਂਦਾ ਹੈ, ਉਸ ਦਾ ਹਿਰਦਾ ਪਵਿੱਤਰ ਹੋ ਜਾਂਦਾ ਹੈ ਤੇ, ਇਸ ਤਰ੍ਹਾਂ ਉਹ ਮਨੁੱਖ ਪਰਮਾਤਮਾ ਨਾਲ ਮਿਲਾਪ ਦਾ ਢੰਗ ਲੱਭ ਲੈਂਦਾ ਹੈ ॥੬॥
38993	908	ਨਦਰੀ ਆਵਦਾ ਸਭੁ ਕਿਛੁ ਬਿਨਸੈ ਹਰਿ ਸੇਤੀ ਚਿਤੁ ਲਾਇ॥		Nadharee Aavadhaa Sabh Kishh Binasai Har Saethee Chith Laae ||	Everything that comes into view shall be destroyed; focus your consciousness on the Lord.	(ਹੇ ਜੋਗੀ! ਜਗਤ ਵਿਚ ਜੋ ਕੁਝ) ਅੱਖੀਂ ਦਿੱਸ ਰਿਹਾ ਹੈ (ਇਹ) ਸਭ ਕੁਝ ਨਾਸਵੰਤ ਹੈ (ਇਸ ਦਾ ਮੋਹ ਛੱਡ ਕੇ) ਤੂੰ ਪਰਮਾਤਮਾ ਨਾਲ ਆਪਣਾ ਚਿੱਤ ਜੋੜੀ ਰੱਖ।
38994	908	ਸਤਿਗੁਰ ਨਾਲਿ ਤੇਰੀ ਭਾਵਨੀ ਲਾਗੈ ਤਾ ਇਹ ਸੋਝੀ ਪਾਇ॥੭॥		Sathigur Naal Thaeree Bhaavanee Laagai Thaa Eih Sojhee Paae ||7||	Enshrine love for the True Guru, and then you shall obtain this understanding. ||7||	(ਪਰ, ਹੇ ਜੋਗੀ!) ਇਹ ਸਮਝ ਤਦੋਂ ਹੀ ਪਏਗੀ ਜਦੋਂ ਗੁਰੂ ਨਾਲ ਤੇਰੀ ਸਰਧਾ ਬਣੇਗੀ ॥੭॥
38995	909	ਏਹੁ ਜੋਗੁ ਨ ਹੋਵੈ ਜੋਗੀ ਜਿ ਕੁਟੰਬੁ ਛੋਡਿ ਪਰ ਭਵਣੁ ਕਰਹਿ॥	ਪਰ ਪਰਾਏ ਭਵਣ ਘਰ ਚ ਨਜ਼ਾਇਜ਼ ਢੰਗ ਨਾਲ ਕਰਹਿ ਰਹਿਣਾ ਕਰੇਂ	Eaehu Jog N Hovai Jogee J Kuttanb Shhodd Parabhavan Karehi ||	This is not Yoga, O Yogi, to abandon your family and wander around.	ਹੇ ਜੋਗੀ! ਤੂੰ ਇਹ ਜਿਹੜਾ ਆਪਣਾ ਪਰਵਾਰ ਛੱਡ ਕੇ ਦੇਸ-ਰਟਨ ਕਰਦਾ ਫਿਰਦਾ ਹੈਂ, ਇਸ ਨੂੰ ਜੋਗ ਨਹੀਂ ਆਖੀਦਾ।

38996	909	ਗ੍ਰਿਹ ਸਰੀਰ ਮਹਿ ਹਰਿ ਹਰਿ ਨਾਮੁ ਗੁਰ ਪਰਸਾਦੀ ਅਪਣਾ ਹਰਿ ਪ੍ਰਭੁ ਲਹਹਿ॥੮॥		Grih Sareer Mehi Har Har Naam Gur Parasaadhee Apanaa Har Prabh Lehehi ||8||	The Name of the Lord, Har, Har, is within the household of the body. By Guru's Grace, you shall find your Lord God. ||8||	ਇਸ ਸਰੀਰ-ਘਰ ਵਿਚ ਹੀ ਪਰਮਾਤਮਾ ਦਾ ਨਾਮ (ਵੱਸ ਰਿਹਾ ਹੈ। ਹੇ ਜੋਗੀ! ਆਪਣੇ ਅੰਦਰੋਂ ਹੀ) ਗੁਰੂ ਦੀ ਕਿਰਪਾ ਨਾਲ ਤੂੰ ਆਪਣੇ ਪਰਮਾਤਮਾ ਨੂੰ ਲੱਭ ਸਕੇਂਗਾ ॥੮॥
38997	909	ਇਹੁ ਜਗਤੁ ਮਿਟੀ ਕਾ ਪੁਤਲਾ ਜੋਗੀ ਇਸੁ ਮਹਿ ਰੋਗੁ ਵਡਾ ਤ੍ਰਿਸਨਾ ਮਾਇਆ॥	ਜੱਗਤੁ	Eihu Jagath Mittee Kaa Puthalaa Jogee Eis Mehi Rog Vaddaa Thrisanaa Maaeiaa ||	This world is a puppet of clay, Yogi; the terrible disease, the desire for Maya is in it.	ਹੇ ਜੋਗੀ! ਇਹ ਸੰਸਾਰ (ਮਾਨੋ) ਮਿੱਟੀ ਦਾ ਬੁੱਤ ਹੈ, ਇਸ ਵਿਚ ਮਾਇਆ ਦੀ ਤ੍ਰਿਸ਼ਨਾ ਦਾ ਵੱਡਾ ਰੋਗ ਲੱਗਾ ਹੋਇਆ ਹੈ।
38998	909	ਅਨੇਕ ਜਤਨ ਭੇਖ ਕਰੈ ਜੋਗੀ ਰੋਗੁ ਨ ਜਾਇ ਗਵਾਇਆ॥੯॥		Anaek Jathan Bhaekh Karae Jogee Rog N Jaae Gavaaeiaa ||9||	Making all sorts of efforts, and wearing religious robes, Yogi, this disease cannot be cured. ||9||	ਹੇ ਜੋਗੀ! ਜੇ ਕੋਈ ਮਨੁੱਖ (ਤਿਆਗੀਆਂ ਵਾਲੇ) ਭੇਖ ਆਦਿਕਾਂ ਦੇ ਅਨੇਕਾਂ ਜਤਨ ਕਰਦਾ ਰਹੇ, ਤਾਂ ਭੀ ਇਹ ਰੋਗ ਦੂਰ ਨਹੀਂ ਕੀਤਾ ਜਾ ਸਕਦਾ ॥੯॥
38999	909	ਹਰਿ ਕਾ ਨਾਮੁ ਅਉਖਧੁ ਹੈ ਜੋਗੀ ਜਿਸ ਨੋ ਮੰਨਿ ਵਸਾਏ॥		Har Kaa Naam Aoukhadhh Hai Jogee Jis No Mann Vasaaeae ||	The Name of the Lord is the medicine, Yogi; the Lord enshrines it in the mind.	ਹੇ ਜੋਗੀ! (ਇਸ ਰੋਗ ਨੂੰ ਦੂਰ ਕਰਨ ਲਈ) ਪਰਮਾਤਮਾ ਦਾ ਨਾਮ (ਹੀ) ਦਵਾਈ ਹੈ (ਪਰ ਇਹ ਦਵਾਈ ਉਹੀ ਮਨੁੱਖ ਵਰਤਦਾ ਹੈ) ਜਿਸ ਉਤੇ (ਮਿਹਰ ਕਰ ਕੇ ਉਸ ਦੇ) ਮਨ ਵਿਚ (ਇਹ ਦਵਾਈ) ਵਸਾਂਦਾ ਹੈ।

39000	909	ਗੁਰਮੁਖਿ ਹੋਵੈ ਸੋਈ ਬੂਝੈ ਜੋਗ ਜੁਗਤਿ ਸੋ ਪਾਏ॥੧੦॥		Guramukh Hovai Soee Boojhai Jog Jugath So Paaeae ||10||	One who becomes Gurmukh understands this; he alone finds the Way of Yoga. ||10||	(ਇਸ ਭੇਤ ਨੂੰ) ਉਹੀ ਮਨੁੱਖ ਸਮਝਦਾ ਹੈ ਜੋ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹੀ ਮਨੁੱਖ ਪ੍ਰਭੂ-ਮਿਲਾਪ ਦਾ ਢੰਗ ਸਿੱਖਦਾ ਹੈ ॥੧੦॥
39001	909	ਜੋਗੈ ਕਾ ਮਾਰਗੁ ਬਿਖਮੁ ਹੈ ਜੋਗੀ ਜਿਸ ਨੋ ਨਦਰਿ ਕਰੇ ਸੋ ਪਾਏ॥		Jogai Kaa Maarag Bikham Hai Jogee Jis No Nadhar Karae So Paaeae ||	The Path of Yoga is very difficult, Yogi; he alone finds it, whom God blesses with His Grace.	ਹੇ ਜੋਗੀ! (ਜਿਸ ਜੋਗ ਦਾ ਅਸੀਂ ਜ਼ਿਕਰ ਕਰ ਰਹੇ ਹਾਂ ਉਸ) ਜੋਗ ਦਾ ਰਸਤਾ ਔਖਾ ਹੈ, ਇਹ ਰਸਤਾ ਉਸ ਮਨੁੱਖ ਨੂੰ ਲੱਭਦਾ ਹੈ ਜਿਸ ਉਤੇ (ਪ੍ਰਭੂ) ਮਿਹਰ ਦੀ ਨਿਗਾਹ ਕਰਦਾ ਹੈ।
39002	909	ਅੰਤਰਿ ਬਾਹਰਿ ਏਕੋ ਵੇਖੈ ਵਿਚਹੁ ਭਰਮੁ ਚੁਕਾਏ॥੧੧॥		Anthar Baahar Eaeko Vaekhai Vichahu Bharam Chukaaeae ||11||	Inside and outside, he sees the One Lord; he eliminates doubt from within himself. ||11||	ਉਹ ਮਨੁੱਖ ਆਪਣੇ ਅੰਦਰੋਂ ਮੇਰ-ਤੇਰ ਦੂਰ ਕਰ ਲੈਂਦਾ ਹੈ, ਆਪਣੇ ਅੰਦਰ ਅਤੇ ਸਾਰੇ ਸੰਸਾਰ ਵਿਚ ਸਿਰਫ਼ ਇਕ ਪਰਮਾਤਮਾ ਨੂੰ ਹੀ ਵੇਖਦਾ ਹੈ ॥੧੧॥
39003	909	ਵਿਣੁ ਵਜਾਈ ਕਿੰਗੁਰੀ ਵਾਜੈ ਜੋਗੀ ਸਾ ਕਿੰਗੁਰੀ ਵਜਾਇ॥		Vin Vajaaee Kinguree Vaajai Jogee Saa Kinguree Vajaae ||	So play the harp which vibrates without being played, Yogi.	ਹੇ ਜੋਗੀ! ਤੂੰ (ਅੰਮ੍ਰਿਤ ਨਾਮ ਦੀ) ਉਹ ਵੀਣਾ ਵਜਾਇਆ ਕਰ ਜੋ (ਅੰਤਰ ਆਤਮੇ) ਬਿਨਾ ਵਜਾਇਆਂ ਵੱਜਦੀ ਹੈ।

39004	909	ਕਹੈ ਨਾਨਕੁ ਮੁਕਤਿ ਹੋਵਹਿ ਜੋਗੀ ਸਾਚੇ ਰਹਹਿ ਸਮਾਇ॥੧੨॥੧॥੧੦॥		Kehai Naanak Mukath Hovehi Jogee Saachae Rehehi Samaae ||12||1||10||	Says Nanak, thus you shall be liberated, Yogi, and remain merged in the True Lord. ||12||1||10||	ਨਾਨਕ ਆਖਦਾ ਹੈ ਕਿ ਹੇ ਜੋਗੀ! (ਜੇ ਤੂੰ ਹਰਿ-ਨਾਮ ਸਿਮਰਨ ਦੀ ਵੀਣਾ ਵਜਾਏਂਗਾ, ਤਾਂ) ਤੂੰ ਵਿਕਾਰਾਂ ਤੋਂ ਖ਼ਲਾਸੀ (ਦਾ ਮਾਲਕ) ਹੋ ਜਾਹਿਂਗਾ, ਅਤੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਟਿਕਿਆ ਰਹੇਂਗਾ ॥੧੨॥੧॥੧੦॥
39005	909	ਰਾਮਕਲੀ ਮਹਲਾ ੩॥		Raamakalee Mehalaa 3 ||	Raamkalee, Third Mehl:	
39006	909	ਭਗਤਿ ਖਜਾਨਾ ਗੁਰਮੁਖਿ ਜਾਤਾ ਸਤਿਗੁਰਿ ਬੂਝਿ ਬੁਝਾਈ॥੧॥	ਬੂੱਝਿ। ਬੁੱਝਾਈ	Bhagath Khajaanaa Guramukh Jaathaa Sathigur Boojh Bujhaaee ||1||	The treasure of devotional worship is revealed to the Gurmukh; the True Guru has inspired me to understand this understanding. ||1||	ਹੇ ਸੰਤ ਜਨੋ! ਗੁਰੂ ਦੇ ਸਨਮੁਖ ਰਹਿਣ ਵਾਲੇ ਨੇ ਹੀ ਪਰਮਾਤਮਾ ਦੀ ਭਗਤੀ ਦੇ ਖ਼ਜ਼ਾਨੇ ਦੀ ਕਦਰ ਸਮਝੀ ਹੈ। ਗੁਰੂ ਨੇ (ਆਪ ਇਹ ਕਦਰ) ਸਮਝ (ਸਿੱਖ ਨੂੰ) ਬਖ਼ਸ਼ੀ ਹੈ ॥੧॥
39007	909	ਸੰਤਹੁ ਗੁਰਮੁਖਿ ਦੇਇ ਵਡਿਆਈ॥੧॥ਰਹਾਉ॥		Santhahu Guramukh Dhaee Vaddiaaee ||1|| Rehaao ||	O Saints, the Gurmukh is blessed with glorious greatness. ||1||Pause||	ਹੇ ਸੰਤ ਜਨੋ! (ਪਰਮਾਤਮਾ ਲੋਕ ਪਰਲੋਕ ਵਿਚ) ਉਸ ਮਨੁੱਖ ਨੂੰ ਇੱਜ਼ਤ ਦੇਂਦਾ ਹੈ ਜੋ ਸਦਾ ਗੁਰੂ ਦੇ ਸਨਮੁਖ ਰਹਿੰਦਾ ਹੈ ॥੧॥ ਰਹਾਉ ॥

39008	909	ਸਚਿ ਰਹਹੁ ਸਦਾ ਸਹਜੁ ਸੁਖੁ ਉਪਜੈ ਕਾਮੁ ਕ੍ਰੋਧੁ ਵਿਚਹੁ ਜਾਈ॥੨॥		Sach Rehahu Sadhaa Sehaj Sukh Oupajai Kaam Krodhh Vichahu Jaaee ||2||	Dwelling always in Truth, celestial peace wells up; sexual desire and anger are eliminated from within. ||2||	(ਹੇ ਸੰਤ ਜਨੋ! ਗੁਰੂ ਦੇ ਸਨਮੁਖ ਰਹਿ ਕੇ ਹੀ) ਤੁਸੀ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿ ਸਕਦੇ ਹੋ, (ਤੁਹਾਡੇ ਅੰਦਰ) ਆਤਮਕ ਅਡੋਲਤਾ ਵਾਲਾ ਸੁਖ ਪੈਦਾ ਹੋ ਸਕਦਾ ਹੈ ਅਤੇ (ਤੁਹਾਡੇ) ਅੰਦਰੋਂ ਕਾਮ ਕ੍ਰੋਧ ਦੂਰ ਹੋ ਸਕਦਾ ਹੈ ॥੨॥
39009	909	ਆਪੁ ਛੋਡਿ ਨਾਮ ਲਿਵ ਲਾਗੀ ਮਮਤਾ ਸਬਦਿ ਜਲਾਈ॥੩॥		Aap Shhodd Naam Liv Laagee Mamathaa Sabadh Jalaaee ||3||	Eradicating self-conceit, remain lovingly focused on the Naam, the Name of the Lord; through the Word of the Shabad, burn away possessiveness. ||3||	(ਹੇ ਸੰਤ ਜਨੋ! ਗੁਰੂ ਦੇ ਸਨਮੁਖ ਮਨੁੱਖ ਨੇ ਹੀ) ਆਪਾ-ਭਾਵ ਛੱਡ ਕੇ (ਆਪਣੇ ਅੰਦਰ ਪਰਮਾਤਮਾ ਦੇ) ਨਾਮ ਦੀ ਲਗਨ ਬਣਾਈ ਹੈ ਅਤੇ (ਆਪਣੇ ਅੰਦਰੋਂ) ਮੈਂ-ਮੇਰੀ ਦੀ ਆਦਤ ਗੁਰੂ ਦੇ ਸ਼ਬਦ ਦੀ ਰਾਹੀਂ ਸਾੜੀ ਹੈ ॥੩॥
39010	909	ਜਿਸ ਤੇ ਉਪਜੈ ਤਿਸ ਤੇ ਬਿਨਸੈ ਅੰਤੇ ਨਾਮੁ ਸਖਾਈ॥੪॥		Jis Thae Oupajai This Thae Binasai Anthae Naam Sakhaaee ||4||	By Him we are created, and by Him we are destroyed; in the end, the Naam will be our only help and support. ||4||	(ਹੇ ਸੰਤ ਜਨੋ! ਗੁਰਮੁਖਿ ਨੂੰ ਹੀ ਇਹ ਸਮਝ ਆਉਂਦੀ ਹੈ ਕਿ) ਜੀਵ ਜਿਸ ਪਰਮਾਤਮਾ ਤੋਂ ਪੈਦਾ ਹੁੰਦਾ ਹੈ ਉਸੇ ਦੇ ਹੁਕਮ ਅਨੁਸਾਰ ਹੀ ਨਾਸ ਹੋ ਜਾਂਦਾ ਹੈ, ਅਤੇ ਅਖ਼ੀਰ ਸਮੇ ਸਿਰਫ਼ ਪ੍ਰਭੂ-ਨਾਮ ਹੀ ਸਾਥੀ ਬਣਦਾ ਹੈ ॥੪॥

39011	909	ਸਦਾ ਹਜੂਰਿ ਦੂਰਿ ਨਹ ਦੇਖਹੁ ਰਚਨਾ ਜਿਨਿ ਰਚਾਈ॥੫॥		Sadhaa Hajoor Dhoor Neh Dhaekhahu Rachanaa Jin Rachaaee ||5||	He is ever-present; don't think that He is far away. He created the creation. ||5||	(ਹੇ ਸੰਤ ਜਨੋ!) ਜਿਸ ਪਰਮਾਤਮਾ ਨੇ ਇਹ ਜਗਤ ਦੀ ਖੇਡ ਬਣਾਈ ਹੈ ਉਸ ਨੂੰ ਇਸ ਵਿਚ ਹਰ ਥਾਂ ਹਾਜ਼ਰ-ਨਾਜ਼ਰ ਵੇਖੋ, ਇਸ ਵਿਚੋਂ ਲਾਂਭੇ ਦੂਰ ਨਾਹ ਸਮਝੋ ॥੫॥
39012	909	ਸਚਾ ਸਬਦੁ ਰਵੈ ਘਟ ਅੰਤਰਿ ਸਚੇ ਸਿਉ ਲਿਵ ਲਾਈ॥੬॥		Sachaa Sabadh Ravai Ghatt Anthar Sachae Sio Liv Laaee ||6||	Deep within your heart, chant the True Word of the Shabad; remain lovingly absorbed in the True Lord. ||6||	(ਹੇ ਸੰਤ ਜਨੋ! ਗੁਰੂ ਦੇ ਸਨਮੁਖ ਹੋਇਆਂ ਹੀ) ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਸ਼ਬਦ ਮਨੁੱਖ ਦੇ ਹਿਰਦੇ ਵਿਚ ਵੱਸ ਸਕਦਾ ਹੈ ਅਤੇ ਸਦਾ-ਥਿਰ ਪ੍ਰਭੂ ਨਾਲ ਲਗਨ ਲੱਗ ਸਕਦੀ ਹੈ ॥੬॥
39013	909	ਸਤਸੰਗਤਿ ਮਹਿ ਨਾਮੁ ਨਿਰਮੋਲਕੁ ਵਡੈਭਾਗਿ ਪਾਇਆ ਜਾਈ॥੭॥		Sathasangath Mehi Naam Niramolak Vaddai Bhaag Paaeiaa Jaaee ||7||	The Priceless Naam is in the Society of the Saints; by great good fortune, it is obtained. ||7||	(ਹੇ ਸੰਤ ਜਨੋ! ਜਿਹੜਾ) ਹਰਿ-ਨਾਮ ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਨਹੀਂ ਮਿਲ ਸਕਦਾ ਉਹ ਗੁਰੂ ਦੀ ਸਾਧ ਸੰਗਤ ਵਿਚ ਵੱਡੀ ਕਿਸਮਤ ਨਾਲ ਮਿਲ ਜਾਂਦਾ ਹੈ ॥੭॥
39014	909	ਭਰਮਿ ਨ ਭੂਲਹੁ ਸਤਿਗੁਰੁ ਸੇਵਹੁ ਮਨੁ ਰਾਖਹੁ ਇਕ ਠਾਈ॥੮॥		Bharam N Bhoolahu Sathigur Saevahu Man Raakhahu Eik Thaaee ||8||	Do not be deluded by doubt; serve the True Guru, and keep your mind steady in one place. ||8||	(ਹੇ ਸੰਤ ਜਨੋ!) ਭਟਕਣਾ ਵਿਚ ਪੈ ਕੇ ਕੁਰਾਹੇ ਨਾਹ ਪਏ ਰਹੋ, ਗੁਰੂ ਦਾ ਦਰ ਮੱਲੀ ਰੱਖੋ, (ਆਪਣੇ ਮਨ ਨੂੰ ਪ੍ਰਭੂ-ਚਰਨਾਂ ਵਿਚ ਹੀ) ਇੱਕੋ ਥਾਂ ਟਿਕਾਈ ਰੱਖੋ ॥੮॥

39015	909	ਬਿਨੁ ਨਾਵੈ ਸਭ ਭੂਲੀ ਫਿਰਦੀ ਬਿਰਥਾ ਜਨਮੁ ਗਵਾਈ॥੯॥		Bin Naavai Sabh Bhoolee Firadhee Birathhaa Janam Gavaaee ||9||	Without the Name, everyone wanders around in confusion; they waste away their lives in vain. ||9||	(ਹੇ ਸੰਤ ਜਨੋ! ਪਰਮਾਤਮਾ ਦੇ) ਨਾਮ ਤੋਂ ਬਿਨਾਂ ਸਾਰੀ ਲੁਕਾਈ ਕੁਰਾਹੇ ਪਈ ਹੋਈ ਹੈ, ਅਤੇ ਆਪਣਾ ਮਨੁੱਖਾ ਜਨਮ ਵਿਅਰਥ ਗਵਾ ਰਹੀ ਹੈ ॥੯॥
39016	909	ਜੋਗੀ ਜੁਗਤਿ ਗਵਾਈ ਹੰਢੈ ਪਾਖੰਡਿ ਜੋਗੁ ਨ ਪਾਈ॥੧੦॥		Jogee Jugath Gavaaee Handtai Paakhandd Jog N Paaee ||10||	Yogi, you have lost the Way; you wander around confused. Through hypocrisy, Yoga is not attained. ||10||	(ਹੇ ਸੰਤ ਜਨੋ! ਧਾਰਮਿਕ ਭੇਖ ਦੇ) ਪਖੰਡ ਨਾਲ ਪ੍ਰਭੂ ਦਾ ਮਿਲਾਪ ਹਾਸਲ ਨਹੀਂ ਹੁੰਦਾ; (ਜਿਹੜਾ ਜੋਗੀ ਨਿਰਾ ਇਸ ਪਖੰਡ ਵਿਚ ਪਿਆ ਹੋਇਆ ਹੈ, ਉਸ) ਜੋਗੀ ਨੇ ਪ੍ਰਭੂ-ਮਿਲਾਪ ਦੀ ਜੁਗਤੀ (ਹੱਥੋਂ) ਗਵਾ ਲਈ ਹੈ, ਉਹ (ਵਿਅਰਥ) ਭਟਕਦਾ ਫਿਰਦਾ ਹੈ ॥੧੦॥
39017	909	ਸਿਵ ਨਗਰੀ ਮਹਿ ਆਸਣਿ ਬੈਸੈ ਗੁਰ ਸਬਦੀ ਜੋਗੁ ਪਾਈ॥੧੧॥		Siv Nagaree Mehi Aasan Baisai Gur Sabadhee Jog Paaee ||11||	Sitting in Yogic postures in the City of God, through the Word of the Guru's Shabad, you shall find Yoga. ||11||	(ਹੇ ਸੰਤ ਜਨੋ! ਜਿਹੜਾ ਜੋਗੀ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ, ਉਸ ਨੇ) ਗੁਰ-ਸ਼ਬਦ ਦੀ ਬਰਕਤ ਨਾਲ ਪ੍ਰਭੂ-ਮਿਲਾਪ ਹਾਸਲ ਕਰ ਲਿਆ ਹੈ, ਉਹ ਜੋਗੀ ਸਾਧ ਸੰਗਤ ਵਿਚ ਟਿਕਿਆ ਹੋਇਆ (ਮਾਨੋ) ਆਸਣ ਉਤੇ ਬੈਠਾ ਹੋਇਆ ਹੈ ॥੧੧॥

39018	909	ਧਾਤੁਰਬਾਜੀ ਸਬਦਿ ਨਿਵਾਰੇ ਨਾਮੁ ਵਸੈ ਮਨਿ ਆਈ॥੧੨॥	(ਧਾਤੁਰ)ਮਾਇਕੀ ਝੂਠੀ ਬਾਜ਼ੀ	Dhhaathur Baajee Sabadh Nivaarae Naam Vasai Man Aaee ||12||	Restrain your restless wanderings through the Shabad, and the Naam will come to dwell in your mind. ||12||	(ਹੇ ਸੰਤ ਜਨੋ! ਜਿਸ ਮਨੁੱਖ ਦੇ) ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਉਹ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਮਨ ਦੀ, ਮਾਇਆ ਪਿੱਛੇ ਭਟਕਣ ਦੀ ਖੇਡ ਮੁਕਾ ਲੈਂਦਾ ਹੈ ॥੧੨॥
39019	909	ਏਹੁ ਸਰੀਰੁ ਸਰਵਰੁ ਹੈ ਸੰਤਹੁ ਇਸਨਾਨੁ ਕਰੇ ਲਿਵ ਲਾਈ॥੧੩॥		Eaehu Sareer Saravar Hai Santhahu Eisanaan Karae Liv Laaee ||13||	This body is a pool, O Saints; bathe in it, and enshrine love for the Lord. ||13||	(ਹੇ ਸੰਤ ਜਨੋ!) ਇਹ ਮਨੁੱਖ ਸਰੀਰ ਸੋਹਣਾ ਤਲਾਬ ਹੈ, ਜਿਹੜਾ ਮਨੁੱਖ ਪ੍ਰਭੂ-ਚਰਨਾਂ ਵਿਚ ਸੁਰਤ ਜੋੜੀ ਰੱਖਦਾ ਹੈ, (ਉਹ, ਮਾਨੋ, ਇਸ ਤਲਾਬ ਵਿਚ) ਇਸ਼ਨਾਨ ਕਰ ਰਿਹਾ ਹੈ ॥੧੩॥
39020	909	ਨਾਮਿ ਇਸਨਾਨੁ ਕਰਹਿ ਸੇ ਜਨ ਨਿਰਮਲ ਸਬਦੇ ਮੈਲੁ ਗਵਾਈ॥੧੪॥		Naam Eisanaan Karehi Sae Jan Niramal Sabadhae Mail Gavaaee ||14||	Those who cleanse themselves through the Naam, are the most immaculate people; through the Shabad, they wash off their filth. ||14||	(ਹੇ ਸੰਤ ਜਨੋ!) ਜਿਹੜੇ ਮਨੁੱਖ ਪ੍ਰਭੂ ਦੇ ਨਾਮ ਵਿਚ ਇਸ਼ਨਾਨ ਕਰਦੇ ਹਨ ਉਹ ਪਵਿੱਤਰ ਜੀਵਨ ਵਾਲੇ ਹਨ, ਉਹਨਾਂ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਮਨ ਦੀ ਵਿਕਾਰਾਂ ਵਾਲੀ) ਮੈਲ ਦੂਰ ਕਰ ਲਈ ਹੈ ॥੧੪॥

39021	909	ਤ੍ਰੈ ਗੁਣ ਅਚੇਤ ਨਾਮੁ ਚੇਤਹਿ ਨਾਹੀ ਬਿਨੁ ਨਾਵੈ ਬਿਨਸਿ ਜਾਈ॥੧੫॥		Thrai Gun Achaeth Naam Chaethehi Naahee Bin Naavai Binas Jaaee ||15||	Trapped by the three qualities, the unconscious person does not think of the Naam; without the Name, he wastes away. ||15||	(ਹੇ ਸੰਤ ਜਨੋ! ਪ੍ਰਭੂ ਦੀ ਮਾਇਆ ਬੜੀ ਪ੍ਰਬਲ ਹੈ) ਮਾਇਆ ਦੇ ਤਿੰਨ ਗੁਣਾਂ ਦੇ ਕਾਰਨ (ਜੀਵ ਪ੍ਰਭੂ ਦੀ ਯਾਦ ਵੱਲੋਂ) ਬੇ-ਪਰਵਾਹ ਰਹਿੰਦੇ ਹਨ, (ਪ੍ਰਭੂ ਦਾ) ਨਾਮ ਯਾਦ ਨਹੀਂ ਕਰਦੇ। (ਹੇ ਸੰਤ ਜਨੋ! ਪਰਮਾਤਮਾ ਦੇ) ਨਾਮ ਤੋਂ ਬਿਨਾ ਹਰੇਕ ਜੀਵ ਆਤਮਕ ਮੌਤ ਸਹੇੜ ਲੈਂਦਾ ਹੈ ॥੧੫॥
39022	909	ਬ੍ਰਹਮਾ ਬਿਸਨੁ ਮਹੇਸੁ ਤ੍ਰੈ ਮੂਰਤਿ ਤ੍ਰਿਗੁਣਿ ਭਰਮਿ ਭੁਲਾਈ॥੧੬॥		Brehamaa Bisan Mehaes Thrai Moorath Thrigun Bharam Bhulaaee ||16||	The three forms of Brahma, Vishnu and Shiva are trapped in the three qualities, lost in confusion. ||16||	(ਹੇ ਸੰਤ ਜਨੋ! ਕੋਈ ਵੱਡੇ ਤੋਂ ਵੱਡਾ ਭੀ ਹੋਵੇ) ਬ੍ਰਹਮਾ (ਹੋਵੇ) ਵਿਸ਼ਨੂੰ (ਹੋਵੇ) ਸ਼ਿਵ (ਹੋਵੇ) (ਪਰਮਾਤਮਾ ਦੇ ਨਾਮ ਤੋਂ ਬਿਨਾ ਹਰੇਕ ਜੀਵ ਮਾਇਆ ਦੇ) ਤਿੰਨ ਗੁਣਾਂ ਦੇ ਪੂਰਨ ਪ੍ਰਭਾਵ ਹੇਠ ਰਹਿੰਦਾ ਹੈ। ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਕਾਰਨ (ਪ੍ਰਭੂ-ਚਰਨਾਂ ਤੋਂ ਖੁੰਝਿਆ ਹੋਇਆ ਹਰੇਕ ਜੀਵ) ਭਟਕਣਾ ਵਿਚ ਪੈ ਕੇ ਕੁਰਾਹੇ ਪੈ ਜਾਂਦਾ ਹੈ ॥੧੬॥

39023	909	ਗੁਰ ਪਰਸਾਦੀ ਤ੍ਰਿਕੁਟੀ ਛੂਟੈ ਚਉਥੈ ਪਦਿ ਲਿਵ ਲਾਈ॥੧੭॥		Gur Parasaadhee Thrikuttee Shhoottai Chouthhai Padh Liv Laaee ||17||	By Guru's Grace, this triad is eradicated, and one is lovingly absorbed in the fourth state. ||17||	(ਹੇ ਸੰਤ ਜਨੋ!) ਗੁਰੂ ਦੀ ਕਿਰਪਾ ਨਾਲ (ਪ੍ਰਭੂ-ਨਾਮ ਦੀ ਰਾਹੀਂ ਜਿਸ ਮਨੁੱਖ ਦੀ) ਤ੍ਰਿਊੜੀ (ਭਾਵ, ਮਨ ਦੀ ਖਿੱਝ) ਦੂਰ ਹੁੰਦੀ ਹੈ, (ਉਹ ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਤੋਂ ਉਤਾਂਹ ਰਹਿ ਕੇ) ਚੌਥੀ ਆਤਮਕ ਅਵਸਥਾ ਵਿਚ ਟਿਕ ਕੇ ਪ੍ਰਭੂ-ਚਰਨਾਂ ਵਿਚ ਸੁਰਤ ਜੋੜਦਾ ਹੈ ॥੧੭॥
39024	909	ਪੰਡਿਤ ਪੜਹਿ ਪੜਿ ਵਾਦੁ ਵਖਾਣਹਿ ਤਿੰਨਾ ਬੂਝ ਨ ਪਾਈ॥੧੮॥		Panddith Parrehi Parr Vaadh Vakhaanehi Thinnaa Boojh N Paaee ||18||	The Pandits, the religious scholars, read, study and discuss the arguments; they do not understand. ||18||	(ਹੇ ਸੰਤ ਜਨੋ!) ਪੰਡਿਤ ਲੋਕ (ਪੁਰਾਣ ਆਦਿਕ ਪੁਸਤਕਾਂ) ਪੜ੍ਹਦੇ ਹਨ, ਇਹਨਾਂ ਨੂੰ ਪੜ੍ਹ ਕੇ (ਸ੍ਰੋਤਿਆਂ ਨੂੰ ਦੇਵਤਿਆਂ ਆਦਿਕ ਦਾ ਪਰਸਪਰ) ਲੜਾਈ-ਝਗੜਾ ਸੁਣਾਂਦੇ ਹਨ, (ਪਰ ਇਸ ਤਰ੍ਹਾਂ) ਉਹਨਾਂ ਨੂੰ (ਆਪ ਨੂੰ ਉੱਚੇ ਆਤਮਕ ਜੀਵਨ ਦੀ ਸੂਝ ਨਹੀਂ ਪੈਂਦੀ ॥੧੮॥
39025	909	ਬਿਖਿਆ ਮਾਤੇ ਭਰਮਿ ਭੁਲਾਏ ਉਪਦੇਸੁ ਕਹਹਿ ਕਿਸੁ ਭਾਈ॥੧੯॥		Bikhiaa Maathae Bharam Bhulaaeae Oupadhaes Kehehi Kis Bhaaee ||19||	Engrossed in corruption, they wander in confusion; who can they possibly instruct, O Siblings of Destiny? ||19||	ਮਾਇਆ ਦੇ ਮੋਹ ਵਿਚ ਫਸੇ ਹੋਏ (ਉਹ ਪੰਡਿਤ ਲੋਕ) ਭਟਕਣਾ ਦੇ ਕਾਰਨ (ਆਪ) ਕੁਰਾਹੇ ਪਏ ਰਹਿੰਦੇ ਹਨ। ਫਿਰ ਹੇ ਭਾਈ! ਉਹ ਹੋਰ ਕਿਸ ਨੂੰ ਸਿੱਖਿਆ ਦੇਂਦੇ ਹਨ? (ਉਹਨਾਂ ਦੀ ਸਿੱਖਿਆ ਦਾ ਕਿਸੇ ਹੋਰ ਨੂੰ ਕੋਈ ਲਾਭ ਨਹੀਂ ਹੋ ਸਕਦਾ) ॥੧੯॥

39026	909	ਭਗਤਿ ਜਨਾ ਕੀ ਊਤਮ ਬਾਣੀ ਜੁਗਿ ਜੁਗਿ ਰਹੀ ਸਮਾਈ॥੨੦॥	ਜੁੱਗਿ ਜੁੱਗਿ	Bhagath Janaa Kee Ootham Baanee Jug Jug Rehee Samaaee ||20||	The Bani, the Word of the humble devotee is the most sublime and exalted; it prevails throughout the ages. ||20||	ਹੇ ਸੰਤ ਜਨੋ! ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦਿਆਂ ਦਾ ਬੋਲ ਸ੍ਰੇਸ਼ਟ ਹੋਇਆ ਕਰਦਾ ਹੈ। ਉਹ ਬੋਲ ਹਰੇਕ ਜੁਗ ਵਿਚ ਹੀ (ਹਰੇਕ ਸਮੇ ਹੀ ਸਭਨਾਂ ਉਤੇ) ਆਪਣਾ ਪ੍ਰਭਾਵ ਪਾਂਦਾ ਹੈ ॥੨੦॥
39027	909	ਬਾਣੀ ਲਾਗੈ ਸੋ ਗਤਿ ਪਾਏ ਸਬਦੇ ਸਚਿ ਸਮਾਈ॥੨੧॥		Baanee Laagai So Gath Paaeae Sabadhae Sach Samaaee ||21||	One who is committed to this Bani is emancipated, and through the Shabad, merges in Truth. ||21||	(ਹੇ ਸੰਤ ਜਨੋ! ਜਿਹੜਾ ਮਨੁੱਖ ਗੁਰੂ ਦੀ) ਬਾਣੀ ਵਿਚ ਸੁਰਤ ਜੋੜਦਾ ਹੈ, ਉਹ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ; ਗੁਰੂ ਦੇ ਸ਼ਬਦ ਦੀ ਰਾਹੀਂ ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ ॥੨੧॥
39028	910	ਕਾਇਆ ਨਗਰੀ ਸਬਦੇ ਖੋਜੇ ਨਾਮੁ ਨਵੰ ਨਿਧਿ ਪਾਈ॥੨੨॥		Kaaeiaa Nagaree Sabadhae Khojae Naam Navan Nidhh Paaee ||22||	One who searches the village of the body, through the Shabad, obtains the nine treasures of the Naam. ||22||	(ਹੇ ਸੰਤ ਜਨੋ! ਜਿਹੜਾ ਮਨੁੱਖ ਗੁਰੂ ਦੇ) ਸ਼ਬਦ ਦੀ ਰਾਹੀਂ ਆਪਣੇ ਸਰੀਰ-ਨਗਰ ਨੂੰ ਖੋਜਦਾ ਹੈ (ਆਪਣੇ ਜੀਵਨ ਦੀ ਪੜਤਾਲ ਕਰਦਾ ਰਹਿੰਦਾ ਹੈ, ਉਹ ਮਨੁੱਖ) ਪਰਮਾਤਮਾ ਦਾ ਨਾਮ-ਖ਼ਜ਼ਾਨਾ ਲੱਭ ਲੈਂਦਾ ਹੈ ॥੨੨॥

39029	910	ਮਨਸਾ ਮਾਰਿ ਮਨੁ ਸਹਜਿ ਸਮਾਣਾ ਬਿਨੁ ਰਸਨਾ ਉਸਤਤਿ ਕਰਾਈ॥੨੩॥		Manasaa Maar Man Sehaj Samaanaa Bin Rasanaa Ousathath Karaaee ||23||	Conquering desire, the mind is absorbed in intuitive ease, and then one chants the Lord's Praises without speaking. ||23||	ਉਹ ਮਨੁੱਖ ਮਨ ਦੇ ਮਾਇਕ ਫੁਰਨੇ ਨੂੰ ਮਾਰ ਕੇ ਆਪਣੇ ਮਨ ਨੂੰ ਆਤਮਕ ਅਡੋਲਤਾ ਵਿਚ ਟਿਕਾ ਲੈਂਦਾ ਹੈ; ਉਹ ਮਨੁੱਖ ਜੀਭ ਨੂੰ ਪਦਾਰਥਾਂ ਦੇ ਰਸਾਂ ਵਲੋਂ ਹਟਾ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਵਿਚ ਜੋੜਦਾ ਹੈ ॥੨੩॥
39030	910	ਲੋਇਣ ਦੇਖਿ ਰਹੇ ਬਿਸਮਾਦੀ ਚਿਤੁ ਅਦਿਸਟਿ ਲਗਾਈ॥੨੪॥	ਅ-ਦਿਸਟਿ	Loein Dhaekh Rehae Bisamaadhee Chith Adhisatt Lagaaee ||24||	Let your eyes gaze upon the Wondrous Lord; let your consciousness be attached to the Unseen Lord. ||24||	ਉਸ ਮਨੁੱਖ ਦੀਆਂ ਅੱਖਾਂ (ਦੁਨੀਆ ਦੇ ਪਦਾਰਥਾਂ ਵਲੋਂ ਹਟ ਕੇ) ਅਸਚਰਜ-ਰੂਪ ਪਰਮਾਤਮਾ ਨੂੰ (ਹਰ ਥਾਂ) ਵੇਖਦੀਆਂ ਹਨ, ਉਸ ਦਾ ਚਿੱਤ ਅਦ੍ਰਿਸ਼ਟ ਪ੍ਰਭੂ ਵਿਚ ਟਿਕਿਆ ਰਹਿੰਦਾ ਹੈ ॥੨੪॥
39031	910	ਅਦਿਸਟੁ ਸਦਾ ਰਹੈ ਨਿਰਾਲਮੁ ਜੋਤੀ ਜੋਤਿ ਮਿਲਾਈ॥੨੫॥		Adhisatt Sadhaa Rehai Niraalam Jothee Joth Milaaee ||25||	The Unseen Lord is forever absolute and immaculate; one's light merges into the Light. ||25||	(ਹੇ ਸੰਤ ਜਨੋ! ਉਸ ਮਨੁੱਖ ਦੀ) ਜੋਤਿ ਉਸ ਨੂਰੋ-ਨੂਰ-ਪ੍ਰਭੂ ਵਿਚ ਮਿਲੀ ਰਹਿੰਦੀ ਹੈ ਜੋ ਇਹਨਾਂ ਅੱਖਾਂ ਨਾਲ ਨਹੀਂ ਦਿੱਸਦਾ, ਤੇ, ਜੋ ਸਦਾ ਨਿਰਲੇਪ ਰਹਿੰਦਾ ਹੈ ॥੨੫॥
39032	910	ਹਉ ਗੁਰੁ ਸਾਲਾਹੀ ਸਦਾ ਆਪਣਾ ਜਿਨਿ ਸਾਚੀ ਬੂਝ ਬੁਝਾਈ॥੨੬॥	ਬੂੱਝ। ਬੁੱਝਾਈ	Ho Gur Saalaahee Sadhaa Aapanaa Jin Saachee Boojh Bujhaaee ||26||	I praise my Guru forever, who has inspired me to understand this true understanding. ||26||	ਹੇ ਸੰਤ ਜਨੋ! ਮੈਂ ਭੀ ਆਪਣੇ ਉਸ ਗੁਰੂ ਨੂੰ ਹੀ ਸਦਾ ਵਡਿਆਉਂਦਾ ਰਹਿੰਦਾ ਹਾਂ ਜਿਸ ਨੇ (ਮੈਨੂੰ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸੂਝ ਬਖ਼ਸ਼ੀ ਹੈ ॥੨੬॥

39033	910	ਨਾਨਕੁ ਏਕ ਕਹੈ ਬੇਨੰਤੀ ਨਾਵਹੁ ਗਤਿ ਪਤਿ ਪਾਈ॥੨੭॥੨॥੧੧॥		Naanak Eaek Kehai Baenanthee Naavahu Gath Path Paaee ||27||2||11||	Nanak offers this one prayer: through the Name, may I find salvation and honor. ||27||2||11||	ਹੇ ਸੰਤ ਜਨੋ! ਨਾਨਕ ਇਕ ਇਹ ਬੇਨਤੀ ਕਰਦਾ ਹੈ (ਕਿ ਪਰਮਾਤਮਾ ਦਾ ਨਾਮ ਜਪਿਆ ਕਰੋ) ਨਾਮ ਤੋਂ ਹੀ ਉੱਚੀ ਆਤਮਕ ਅਵਸਥਾ ਪ੍ਰਾਪਤ ਹੁੰਦੀ ਹੈ, ਨਾਮ ਤੋਂ ਹੀ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ ॥੨੭॥੨॥੧੧॥
39034	910	ਰਾਮਕਲੀ ਮਹਲਾ ੩॥		Raamakalee Mehalaa 3 ||	Raamkalee, Third Mehl:	
39035	910	ਹਰਿ ਕੀ ਪੂਜਾ ਦੁਲੰਭ ਹੈ ਸੰਤਹੁ ਕਹਣਾ ਕਛੂ ਨ ਜਾਈ॥੧॥	ਦੁ-ਲੰਭ	Har Kee Poojaa Dhulanbh Hai Santhahu Kehanaa Kashhoo N Jaaee ||1||	It is so hard to obtain that devotional worship of the Lord, O Saints. It cannot be described at all. ||1||	ਹੇ ਸੰਤ ਜਨੋ! ਪਰਮਾਤਮਾ ਦੀ ਪੂਜਾ-ਭਗਤੀ ਬੜੀ ਔਖਿਆਈ ਨਾਲ ਮਿਲਦੀ ਹੈ। ਪ੍ਰਭੂ ਦੀ ਪੂਜਾ ਕਿਤਨੀ ਦੁਰਲੱਭ ਹੈ-ਇਸ ਬਾਬਤ ਕੁਝ ਭੀ ਦੱਸਿਆ ਨਹੀਂ ਜਾ ਸਕਦਾ ॥੧॥
39036	910	ਸੰਤਹੁ ਗੁਰਮੁਖਿ ਪੂਰਾ ਪਾਈ॥		Santhahu Guramukh Pooraa Paaee ||	O Saints, as Gurmukh, find the Perfect Lord,	ਹੇ ਸੰਤ ਜਨੋ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਸਾਰੇ ਗੁਣਾਂ ਨਾਲ ਭਰਪੂਰ ਪ੍ਰਭੂ ਨੂੰ ਲੱਭ ਲੈਂਦਾ ਹੈ।
39037	910	ਨਾਮੋ ਪੂਜ ਕਰਾਈ॥੧॥ਰਹਾਉ॥		Naamo Pooj Karaaee ||1|| Rehaao ||	And worship the Naam, the Name of the Lord. ||1||Pause||	ਨਾਮ ਜਪੋ, ਨਾਮ ਹੀ ਜਪੋ-ਗੁਰੂ ਇਹ ਪੂਜਾ ਕਰਾਂਦਾ ਹੈ ॥੧॥ ਰਹਾਉ ॥

39038	910	ਹਰਿ ਬਿਨੁ ਸਭੁ ਕਿਛੁ ਮੈਲਾ ਸੰਤਹੁ ਕਿਆ ਹਉ ਪੂਜ ਚੜਾਈ॥੨॥	ਚੜ੍ਹਾਈ	Har Bin Sabh Kishh Mailaa Santhahu Kiaa Ho Pooj Charraaee ||2||	Without the Lord, everything is filthy, O Saints; what offering should I place before Him? ||2||	(ਹੇ ਸੰਤ ਜਨੋ! ਦੁਨੀਆ ਦੇ ਲੋਕ ਫੁੱਲ ਪੱਤਰਾਂ ਆਦਿਕ ਨਾਲ ਦੇਵਤਿਆਂ ਦੀ ਪੂਜਾ ਕਰਦੇ ਹਨ, ਪਰ) ਹੇ ਸੰਤ ਜਨੋ! ਮੈਂ (ਪਰਮਾਤਮਾ ਦੀ ਪੂਜਾ ਕਰਨ ਵਾਸਤੇ) ਕਿਹੜੀ ਚੀਜ਼ ਉਸ ਅੱਗੇ ਭੇਟਾ ਕਰਾਂ? ਉਸ ਪ੍ਰਭੂ ਦੇ ਨਾਮ ਤੋਂ ਬਿਨਾ (ਨਾਮ ਦੇ ਟਾਕਰੇ ਤੇ) ਹੋਰ ਹਰੇਕ ਚੀਜ਼ ਮੈਲੀ ਹੈ ॥੨॥
39039	910	ਹਰਿ ਸਾਚੇ ਭਾਵੈ ਸਾ ਪੂਜਾ ਹੋਵੈ ਭਾਣਾ ਮਨਿ ਵਸਾਈ॥੩॥		Har Saachae Bhaavai Saa Poojaa Hovai Bhaanaa Man Vasaaee ||3||	Whatever pleases the True Lord is devotional worship; His Will abides in the mind. ||3||	ਹੇ ਸੰਤ ਜਨੋ! ਜੇ ਕਿਸੇ ਮਨੁੱਖ ਨੂੰ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਰਜ਼ਾ ਚੰਗੀ ਲੱਗਣ ਲੱਗ ਪਏ ਤਾਂ ਉਸ ਵੱਲੋਂ ਇਹੀ ਪਰਮਾਤਮਾ ਦੀ ਪੂਜਾ ਹੈ। (ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪਰਮਾਤਮਾ ਦੀ) ਰਜ਼ਾ ਨੂੰ ਹੀ ਆਪਣੇ ਮਨ ਵਿਚ ਵਸਾਂਦਾ ਹੈ (ਰਜ਼ਾ ਨੂੰ ਹੀ ਚੰਗੀ ਜਾਣਦਾ ਹੈ) ॥੩॥
39040	910	ਪੂਜਾ ਕਰੈ ਸਭੁ ਲੋਕੁ ਸੰਤਹੁ ਮਨਮੁਖਿ ਥਾਇ ਨ ਪਾਈ॥੪॥		Poojaa Karai Sabh Lok Santhahu Manamukh Thhaae N Paaee ||4||	Everyone worships Him, O Saints, but the self-willed manmukh is not accepted or approved. ||4||	ਹੇ ਸੰਤ ਜਨੋ! ਸਾਰਾ ਜਗਤ (ਆਪਣੇ ਵਲੋਂ) ਪੂਜਾ ਕਰਦਾ ਹੈ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੀ ਕੀਤੀ ਹੋਈ ਕੋਈ ਭੀ ਪੂਜਾ (ਪਰਮਾਤਮਾ ਦੀ ਹਜ਼ੂਰੀ ਵਿਚ) ਕਬੂਲ ਨਹੀਂ ਹੁੰਦੀ ॥੪॥

39041	910	ਸਬਦਿ ਮਰੈ ਮਨੁ ਨਿਰਮਲੁ ਸੰਤਹੁ ਏਹ ਪੂਜਾ ਥਾਇ ਪਾਈ॥੫॥		Sabadh Marai Man Niramal Santhahu Eaeh Poojaa Thhaae Paaee ||5||	If someone dies in the Word of the Shabad, his mind become immaculate, O Saints; such worship is accepted and approved. ||5||	ਹੇ ਸੰਤ ਜਨੋ! ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਵਿਕਾਰਾਂ ਦਾ ਪ੍ਰਭਾਵ ਆਪਣੇ ਉੱਤੇ ਨਹੀਂ ਪੈਣ ਦੇਂਦਾ ਉਸ ਦਾ ਮਨ ਪਵਿੱਤਰ ਹੋ ਜਾਂਦਾ ਹੈ। ਉਸ ਦੀ ਇਹ ਪੂਜਾ ਪ੍ਰਭੂ-ਦਰ ਤੇ ਪਰਵਾਨ ਹੋ ਜਾਂਦੀ ਹੈ ॥੫॥
39042	910	ਪਵਿਤ ਪਾਵਨ ਸੇ ਜਨ ਸਾਚੇ ਏਕ ਸਬਦਿ ਲਿਵ ਲਾਈ॥੬॥		Pavith Paavan Sae Jan Saachae Eaek Sabadh Liv Laaee ||6||	Sanctified and pure are those true beings, who enshrine love for the Shabad. ||6||	ਹੇ ਸੰਤ ਜਨੋ! ਅਜਿਹੇ ਬੰਦੇ ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ, ਸਦਾ-ਥਿਰ ਰਹਿਣ ਵਾਲੇ ਪ੍ਰਭੂ ਨਾਲ ਇਕ-ਮਿਕ ਹੋ ਜਾਂਦੇ ਹਨ; ਗੁਰੂ ਦੇ ਸ਼ਬਦ ਦੀ ਰਾਹੀਂ ਉਹ ਬੰਦੇ ਇਕ ਪਰਮਾਤਮਾ ਵਿਚ ਸੁਰਤ ਜੋੜੀ ਰੱਖਦੇ ਹਨ ॥੬॥
39043	910	ਬਿਨੁ ਨਾਵੈ ਹੋਰ ਪੂਜ ਨ ਹੋਵੀ ਭਰਮਿ ਭੁਲੀ ਲੋਕਾਈ॥੭॥		Bin Naavai Hor Pooj N Hovee Bharam Bhulee Lokaaee ||7||	There is no worship of the Lord, other than the Name; the world wanders, deluded by doubt. ||7||	ਹੇ ਸੰਤ ਜਨੋ! ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਪਰਮਾਤਮਾ ਦੀ ਕਿਸੇ ਹੋਰ ਕਿਸਮ ਦੀ ਪੂਜਾ ਨਹੀਂ ਹੋ ਸਕਦੀ। (ਨਾਮ ਤੋਂ ਖੁੰਝ ਕੇ) ਭੁਲੇਖੇ ਵਿਚ ਪੈ ਕੇ ਦੁਨੀਆ ਕੁਰਾਹੇ ਪਈ ਰਹਿੰਦੀ ਹੈ ॥੭॥
39044	910	ਗੁਰਮੁਖਿ ਆਪੁ ਪਛਾਣੈ ਸੰਤਹੁ ਰਾਮ ਨਾਮਿ ਲਿਵ ਲਾਈ॥੮॥		Guramukh Aap Pashhaanai Santhahu Raam Naam Liv Laaee ||8||	The Gurmukh understands his own self, O Saints; he lolvingly centers his mind on the Lord's Name. ||8||	ਹੇ ਸੰਤ ਜਨੋ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਆਪਣੇ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ, ਤੇ, ਪਰਮਾਤਮਾ ਦੇ ਨਾਮ ਵਿਚ ਸੁਰਤ ਜੋੜੀ ਰੱਖਦਾ ਹੈ ॥੮॥

39045	910	ਆਪੇ ਨਿਰਮਲੁ ਪੂਜ ਕਰਾਏ ਗੁਰ ਸਬਦੀ ਥਾਇ ਪਾਈ॥੯॥		Aapae Niramal Pooj Karaaeae Gur Sabadhee Thhaae Paaee ||9||	The Immaculate Lord Himself inspires worship of Him; through the Word of the Guru's Shabad, it is accepted and approved. ||9||	ਹੇ ਸੰਤ ਜਨੋ! ਪਵਿੱਤਰ ਪ੍ਰਭੂ ਆਪ ਹੀ (ਜੀਵ ਨੂੰ ਗੁਰੂ ਦੇ ਸ਼ਬਦ ਵਿਚ ਜੋੜ ਕੇ ਉਸ ਪਾਸੋਂ ਆਪਣੀ) ਪੂਜਾ-ਭਗਤੀ ਕਰਾਂਦਾ ਹੈ, ਤੇ, ਗੁਰੂ ਦੇ ਸ਼ਬਦ ਵਿਚ ਉਸ ਦੀ ਲੀਨਤਾ ਦੇ ਕਾਰਨ ਉਸ ਦੀ ਕੀਤੀ ਪੂਜਾ ਪਰਵਾਨ ਕਰਦਾ ਹੈ ॥੯॥
39046	910	ਪੂਜਾ ਕਰਹਿ ਪਰੁ ਬਿਧਿ ਨਹੀ ਜਾਣਹਿ ਦੂਜੈ ਭਾਇ ਮਲੁ ਲਾਈ॥੧੦॥	ਬਿਧਿ:ਪੋਲਾ ਬੋਲੋ	Poojaa Karehi Par Bidhh Nehee Jaanehi Dhoojai Bhaae Mal Laaee ||10||	Those who worship Him, but do not know the Way, are polluted with the love of duality. ||10||	(ਹੇ ਸੰਤ ਜਨੋ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਪ੍ਰਭੂ ਦੀ) ਪੂਜਾ ਤਾਂ ਕਰਦੇ ਹਨ, ਪਰੰਤੂ (ਪੂਜਾ ਦਾ) ਸਹੀ ਤਰੀਕਾ ਨਹੀਂ ਜਾਣਦੇ। ਮਾਇਆ ਦੇ ਪਿਆਰ ਵਿਚ ਫਸ ਕੇ (ਮਨਮੁਖ ਮਨੁੱਖ ਆਪਣੇ ਮਨ ਨੂੰ ਵਿਕਾਰਾਂ ਦੀ) ਮੈਲ ਚੰਬੋੜੀ ਰੱਖਦਾ ਹੈ ॥੧੦॥
39047	910	ਗੁਰਮੁਖਿ ਹੋਵੈ ਸੁ ਪੂਜਾ ਜਾਣੈ ਭਾਣਾ ਮਨਿ ਵਸਾਈ॥੧੧॥		Guramukh Hovai S Poojaa Jaanai Bhaanaa Man Vasaaee ||11||	One who becomes Gurmukh, knows what worship is; the Lord's Will abides within his mind. ||11||	(ਹੇ ਸੰਤ ਜਨੋ!) ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਹ ਪਰਮਾਤਮਾ ਦੀ ਭਗਤੀ ਕਰਨੀ ਜਾਣਦਾ ਹੈ (ਉਹ ਜਾਣਦਾ ਹੈ ਕਿ ਪ੍ਰਭੂ ਦੀ ਰਜ਼ਾ ਵਿਚ ਰਾਜ਼ੀ ਰਹਿਣਾ ਪ੍ਰਭੂ ਦੀ ਭਗਤੀ ਹੈ, ਇਸ ਵਾਸਤੇ ਉਹ ਪ੍ਰਭੂ ਦੀ) ਰਜ਼ਾ ਨੂੰ ਆਪਣੇ ਮਨ ਵਿਚ ਵਸਾਂਦਾ ਹੈ ॥੧੧॥

39048	910	ਭਾਣੇ ਤੇ ਸਭਿ ਸੁਖ ਪਾਵੈ ਸੰਤਹੁ ਅੰਤੇ ਨਾਮੁ ਸਖਾਈ॥੧੨॥		Bhaanae Thae Sabh Sukh Paavai Santhahu Anthae Naam Sakhaaee ||12||	One who accepts the Lord's Will obtains total peace, O Saints; in the end, the Naam will be our help and support. ||12||	ਹੇ ਸੰਤ ਜਨੋ! ਗੁਰਮੁਖ ਮਨੁੱਖ ਭਾਣਾ ਮੰਨਣ ਤੋਂ (ਹੀ ਇਸ ਲੋਕ ਵਿਚ) ਸਾਰੇ ਸੁਖ ਪ੍ਰਾਪਤ ਕਰ ਲੈਂਦਾ ਹੈ; ਅਖ਼ੀਰ ਵੇਲੇ ਭੀ ਪ੍ਰਭੂ ਦਾ ਨਾਮ ਉਸ ਦਾ ਸਾਥੀ ਬਣਦਾ ਹੈ ॥੧੨॥
39049	910	ਅਪਣਾ ਆਪੁ ਨ ਪਛਾਣਹਿ ਸੰਤਹੁ ਕੂੜਿ ਕਰਹਿ ਵਡਿਆਈ॥੧੩॥		Apanaa Aap N Pashhaanehi Santhahu Koorr Karehi Vaddiaaee ||13||	One who does not understand his own self, O Saints, falsely flatters himself. ||13||	ਹੇ ਸੰਤ ਜਨੋ! (ਜਿਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ) ਆਪਣੇ ਜੀਵਨ ਨੂੰ ਨਹੀਂ ਪੜਤਾਲਦੇ, ਮਾਇਆ ਦੇ ਮੋਹ ਵਿਚ ਫਸੇ ਹੋਏ ਉਹ ਮਨੁੱਖ ਆਪਣੇ ਆਪ ਦੀ ਹੀ ਸੋਭਾ ਕਰਦੇ ਰਹਿੰਦੇ ਹਨ ॥੧੩॥
39050	910	ਪਾਖੰਡਿ ਕੀਨੈ ਜਮੁ ਨਹੀ ਛੋਡੈ ਲੈ ਜਾਸੀ ਪਤਿ ਗਵਾਈ॥੧੪॥		Paakhandd Keenai Jam Nehee Shhoddai Lai Jaasee Path Gavaaee ||14||	The Messenger of Death does not give up on those who practices hypocrisy; they are dragged away in disgrace. ||14||	ਹੇ ਸੰਤ ਜਨੋ! (ਧਰਮ ਦਾ) ਪਖੰਡ ਕੀਤਿਆਂ ਮੌਤ (ਦਾ ਸਹਿਮ) ਖ਼ਲਾਸੀ ਨਹੀਂ ਕਰਦਾ। ਜਮ (ਨਾਮ-ਹੀਣ ਬੰਦਿਆਂ ਨੂੰ) ਇਥੋਂ ਉਹਨਾਂ ਦੀ ਇੱਜ਼ਤ ਗੰਵਾ ਕੇ (ਪਰਲੋਕ ਵਿਚ) ਲੈ ਜਾਇਗਾ ॥੧੪॥
39051	910	ਜਿਨ ਅੰਤਰਿ ਸਬਦੁ ਆਪੁ ਪਛਾਣਹਿ ਗਤਿ ਮਿਤਿ ਤਿਨ ਹੀ ਪਾਈ॥੧੫॥		Jin Anthar Sabadh Aap Pashhaanehi Gath Mith Thin Hee Paaee ||15||	Those who have the Shabad deep within, understand themselves; they find the way of salvation. ||15||	ਹੇ ਸੰਤ ਜਨੋ! ਜਿਨ੍ਹਾਂ ਬੰਦਿਆਂ ਦੇ ਹਿਰਦੇ ਵਿਚ ਗੁਰੂ ਦਾ ਸ਼ਬਦ ਵੱਸ ਪੈਂਦਾ ਹੈ, ਉਹ ਆਪਣੇ ਜੀਵਨ ਨੂੰ ਪੜਤਾਲਦੇ ਰਹਿੰਦੇ ਹਨ, ਉਹਨਾਂ ਨੇ ਹੀ ਇਹ ਗੱਲ ਸਮਝੀ ਹੈ ਕਿ ਪਰਮਾਤਮਾ ਕਿਹੋ ਜਿਹਾ ਹੈ ਤੇ ਕੇਡਾ ਵੱਡਾ (ਬੇਅੰਤ) ਹੈ ॥੧੫॥

39052	910	ਏਹੁ ਮਨੂਆ ਸੁੰਨ ਸਮਾਧਿ ਲਗਾਵੈ ਜੋਤੀ ਜੋਤਿ ਮਿਲਾਈ॥੧੬॥		Eaehu Manooaa Sunn Samaadhh Lagaavai Jothee Joth Milaaee ||16||	Their minds enter into the deepest state of Samaadhi, and their light is absorbed into the Light. ||16||	(ਹੇ ਸੰਤ ਜਨੋ! ਜਿਨ੍ਹਾਂ ਦੇ ਅੰਦਰ ਗੁਰ-ਸ਼ਬਦ ਵੱਸਦਾ ਹੈ ਉਹਨਾਂ ਦਾ) ਇਹ ਮਨ ਅਜਿਹੀ ਇਕਾਗ੍ਰਤਾ ਬਣਾਂਦਾ ਹੈ ਜਿਥੇ ਮਾਇਆ ਦੇ ਫੁਰਨੇ ਨਹੀਂ ਉੱਠਦੇ, ਉਹਨਾਂ ਦੀ ਜਿੰਦ ਪ੍ਰਭੂ ਦੀ ਜੋਤਿ ਵਿਚ ਲੀਨ ਹੈ ॥੧੬॥
39053	910	ਸੁਣਿ ਸੁਣਿ ਗੁਰਮੁਖਿ ਨਾਮੁ ਵਖਾਣਹਿ ਸਤਸੰਗਤਿ ਮੇਲਾਈ॥੧੭॥		Sun Sun Guramukh Naam Vakhaanehi Sathasangath Maelaaee ||17||	The Gurmukhs listen constantly to the Naam, and chant it in the True Congregation. ||17||	(ਹੇ ਸੰਤ ਜਨੋ!) ਗੁਰੂ ਦੇ ਸਨਮੁਖ ਰਹਿਣ ਵਾਲੇ ਉਹ ਬੰਦੇ ਸਾਧ ਸੰਗਤ ਵਿਚ ਮਿਲ ਬੈਠਦੇ ਹਨ, (ਸਤ-ਸੰਗੀਆਂ ਪਾਸੋਂ) ਪ੍ਰਭੂ ਦਾ ਨਾਮ ਸੁਣ ਸੁਣ ਕੇ ਉਹ ਭੀ ਨਾਮ ਉਚਾਰਦੇ ਰਹਿੰਦੇ ਹਨ ॥੧੭॥
39054	910	ਗੁਰਮੁਖਿ ਗਾਵੈ ਆਪੁ ਗਵਾਵੈ ਦਰਿ ਸਾਚੈ ਸੋਭਾ ਪਾਈ॥੧੮॥		Guramukh Gaavai Aap Gavaavai Dhar Saachai Sobhaa Paaee ||18||	The Gurmukhs sing the Lord's Praises, and erase self-conceit; they obtain true honor in the Court of the Lord. ||18||	(ਹੇ ਸੰਤ ਜਨੋ!) ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਆਪਣੇ ਅੰਦਰੋਂ ਹਉਮੈ ਅਹੰਕਾਰ ਦੂਰ ਕਰਦਾ ਹੈ, ਤੇ, ਸਦਾ-ਥਿਰ ਪ੍ਰਭੂ ਦੇ ਦਰ ਤੇ ਸੋਭਾ ਪਾਂਦਾ ਹੈ ॥੧੮॥

39055	910	ਸਾਚੀ ਬਾਣੀ ਸਚੁ ਵਖਾਣੈ ਸਚਿ ਨਾਮਿ ਲਿਵ ਲਾਈ॥੧੯॥		Saachee Baanee Sach Vakhaanai Sach Naam Liv Laaee ||19||	True are their words; they speak only the Truth; they lovingly focus on the True Name. ||19||	(ਹੇ ਸੰਤ ਜਨੋ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ) ਸਦਾ-ਥਿਰ ਹਰੀ ਦੀ ਸਿਫ਼ਤ-ਸਾਲਾਹ ਦੀ ਬਾਣੀ ਉਚਾਰਦਾ ਹੈ, ਸਦਾ-ਥਿਰ ਪ੍ਰਭੂ ਦਾ ਨਾਮ ਉਚਾਰਦਾ ਹੈ, ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਸੁਰਤ ਜੋੜੀ ਰੱਖਦਾ ਹੈ ॥੧੯॥
39056	910	ਭੈ ਭੰਜਨੁ ਅਤਿ ਪਾਪ ਨਿਖੰਜਨੁ ਮੇਰਾ ਪ੍ਰਭੁ ਅੰਤਿ ਸਖਾਈ॥੨੦॥	ਨਿ-ਖੰਜਨੁ, ਕੱਟਣ ਵਾਲੇ	Bhai Bhanjan Ath Paap Nikhanjan Maeraa Prabh Anth Sakhaaee ||20||	My God is the Destroyer of fear, the Destroyer of sin; in the end, He is our only help and support. ||20||	(ਹੇ ਸੰਤ ਜਨੋ!) ਜੀਵਾਂ ਦੇ ਸਾਰੇ ਡਰ ਨਾਸ ਕਰਨ ਵਾਲਾ ਤੇ ਘੋਰ ਪਾਪ ਦੂਰ ਕਰਨ ਵਾਲਾ ਪਰਮਾਤਮਾ ਆਖ਼ਰ (ਉਹਨਾਂ ਦਾ) ਸਾਥੀ ਬਣਦਾ ਹੈ (ਜੋ ਉਸ ਦੀ ਸਿਫ਼ਤ-ਸਾਲਾਹ ਵਿਚ ਜੁੜੇ ਰਹਿੰਦੇ ਹਨ) ॥੨੦॥
39057	910	ਸਭੁ ਕਿਛੁ ਆਪੇ ਆਪਿ ਵਰਤੈ ਨਾਨਕ ਨਾਮਿ ਵਡਿਆਈ॥੨੧॥੩॥੧੨॥		Sabh Kishh Aapae Aap Varathai Naanak Naam Vaddiaaee ||21||3||12||	He Himself pervades and permeates everything; O Nanak, glorious greatness is obtained through the Naam. ||21||3||12||	ਹੇ ਸੰਤ ਜਨੋ! ਇਹ ਸਭ ਕੁਝ (ਜੋ ਦਿੱਸ ਰਿਹਾ ਹੈ, ਇਸ ਵਿਚ) ਪ੍ਰਭੂ ਆਪ ਹੀ ਆਪ ਹਰ ਥਾਂ ਮੌਜੂਦ ਹੈ। ਹੇ ਨਾਨਕ! ਉਸ ਦੇ ਨਾਮ ਵਿਚ ਜੁੜਿਆਂ ਲੋਕ ਪਰਲੋਕ ਵਿਚ ਆਦਰ ਮਿਲਦਾ ਹੈ ॥੨੧॥੩॥੧੨॥
39058	910	ਰਾਮਕਲੀ ਮਹਲਾ ੩॥		Raamakalee Mehalaa 3 ||	Raamkalee, Third Mehl:	

39059	910	ਹਮ ਕੁਚਲ ਕੁਚੀਲ ਅਤਿ ਅਭਿਮਾਨੀ ਮਿਲਿ ਸਬਦੇ ਮੈਲੁ ਉਤਾਰੀ॥੧॥		Ham Kuchal Kucheel Ath Abhimaanee Mil Sabadhae Mail Outhaaree ||1||	I am filthy and polluted, proud and egotistical; receiving the Word of the Shabad, my filth is taken away. ||1||	ਹੇ ਸੰਤ ਜਨੋ! ਅਸੀਂ ਸੰਸਾਰੀ-ਜੀਵ (ਆਮ ਤੌਰ ਤੇ) ਕੁਚੱਲਣੇ ਗੰਦੇ ਆਚਰਨ ਵਾਲੇ ਅਹੰਕਾਰੀ ਹੋਏ ਰਹਿੰਦੇ ਹਾਂ। (ਕਿਸੇ ਵਡਭਾਗੀ ਨੇ) ਗੁਰੂ ਦੇ ਸ਼ਬਦ ਵਿਚ ਜੁੜ ਕੇ ਵਿਕਾਰਾਂ ਦੀ ਮੈਲ ਆਪਣੇ ਮਨ ਤੋਂ ਉਤਾਰੀ ਹੁੰਦੀ ਹੈ ॥੧॥
39060	910	ਸੰਤਹੁ ਗੁਰਮੁਖਿ ਨਾਮਿ ਨਿਸਤਾਰੀ॥		Santhahu Guramukh Naam Nisathaaree ||	O Saints, the Gurmukhs are saved through the Naam, the Name of the Lord.	ਹੇ ਸੰਤ ਜਨੋ! ਗੁਰੂ ਦੇ ਸਨਮੁਖ ਰਿਹਾਂ ਪਰਮਾਤਮਾ ਦੇ ਨਾਮ ਦੀ ਰਾਹੀਂ (ਸੰਸਾਰ-ਸਮੁੰਦਰ ਤੋਂ) ਪਾਰ-ਉਤਾਰਾ ਹੋ ਜਾਂਦਾ ਹੈ।
39061	910	ਸਚਾ ਨਾਮੁ ਵਸਿਆ ਘਟ ਅੰਤਰਿ ਕਰਤੈ ਆਪਿ ਸਵਾਰੀ॥੧॥ਰਹਾਉ॥		Sachaa Naam Vasiaa Ghatt Anthar Karathai Aap Savaaree ||1|| Rehaao ||	The True Name abides deep within their hearts. The Creator Himself embellishes them. ||1||Pause||	ਜਿਸ ਮਨੁੱਖ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਦਾ ਨਾਮ ਵੱਸ ਪੈਂਦਾ ਹੈ, (ਸਮਝੋ) ਕਰਤਾਰ ਨੇ ਆਪ ਹੀ ਉਸ ਦੀ ਇੱਜ਼ਤ ਰੱਖ ਲਈ ॥੧॥ ਰਹਾਉ ॥
39062	911	ਪਾਰਸ ਪਰਸੇ ਫਿਰਿ ਪਾਰਸੁ ਹੋਏ ਹਰਿ ਜੀਉ ਅਪਣੀ ਕਿਰਪਾ ਧਾਰੀ॥੨॥		Paaras Parasae Fir Paaras Hoeae Har Jeeo Apanee Kirapaa Dhhaaree ||2||	Touching the philosopher's stone, they themselves become the philosopher's stone; the Dear Lord Himself blesses them with His Mercy. ||2||	ਜਿਸ ਮਨੁੱਖ ਉਤੇ ਪ੍ਰਭੂ ਜੀ ਆਪਣੀ ਕਿਰਪਾ ਕਰਦੇ ਹਨ, ਉਹ ਮਨੁੱਖ ਗੁਰੂ-ਪਾਰਸ ਨੂੰ ਛੂਹ ਕੇ ਆਪ ਭੀ ਪਾਰਸ ਬਣ ਜਾਂਦਾ ਹੈ ॥੨॥

39063	911	ਇਕਿ ਭੇਖ ਕਰਹਿ ਫਿਰਹਿ ਅਭਿਮਾਨੀ ਤਿਨ ਜੂਐ ਬਾਜੀ ਹਾਰੀ॥੩॥		Eik Bhaekh Karehi Firehi Abhimaanee Thin Jooai Baajee Haaree ||3||	Some wear religious robes, and wander around in pride; they lose their life in the gamble. ||3||	ਹੇ ਸੰਤ ਜਨੋ! ਜਿਹੜੇ ਅਨੇਕਾਂ ਜੀਵ ਧਾਰਮਿਕ ਬਾਣਾ ਪਾਈ ਫਿਰਦੇ ਹਨ ਤੇ ਉਸ ਭੇਖ ਦੇ ਕਾਰਨ ਅਹੰਕਾਰੀ ਹੋਏ ਫਿਰਦੇ ਹਨ, ਉਹਨਾਂ ਨੇ ਮਨੁੱਖਾ ਜਨਮ ਦੀ ਖੇਡ ਜੂਏ ਵਿਚ ਹਾਰ ਲਈ (ਜਾਣੋ) ॥੩॥
39064	911	ਇਕਿ ਅਨਦਿਨੁ ਭਗਤਿ ਕਰਹਿ ਦਿਨੁ ਰਾਤੀ ਰਾਮ ਨਾਮੁ ਉਰਿ ਧਾਰੀ॥੪॥	(ਅਨਦਿਨੁ)ਇੱਕਰਸ	Eik Anadhin Bhagath Karehi Dhin Raathee Raam Naam Our Dhhaaree ||4||	Some worship the Lord in devotion, night and day; day and night, they keep the Lord's Name enshrined in their hearts. ||4||	ਪਰ, ਹੇ ਸੰਤ ਜਨੋ! ਕਈ ਬੰਦੇ ਐਸੇ ਹਨ ਜੋ ਦਿਨ ਰਾਤ ਹਰ ਵੇਲੇ ਪਰਮਾਤਮਾ ਦੇ ਨਾਮ ਨੂੰ ਆਪਣੇ ਹਿਰਦੇ ਵਿਚ ਟਿਕਾ ਕੇ ਪਰਮਾਤਮਾ ਦੀ ਭਗਤੀ ਕਰਦੇ ਰਹਿੰਦੇ ਹਨ ॥੪॥
39065	911	ਅਨ ਦਿਨੁ ਰਾਤੇ ਸਹਜੇ ਮਾਤੇ ਸਹਜੇ ਹਉਮੈ ਮਾਰੀ॥੫॥		Anadhin Raathae Sehajae Maathae Sehajae Houmai Maaree ||5||	Those who are imbued with Him night and day, are spontaneously intoxicated with Him; they intuitively conquer their ego. ||5||	ਜਿਹੜੇ ਮਨੁੱਖ ਹਰ ਵੇਲੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹ ਆਤਮਕ ਅਡੋਲਤਾ ਵਿਚ ਮਸਤ ਰਹਿੰਦੇ ਹਨ, ਆਤਮਕ ਅਡੋਲਤਾ ਵਿਚ ਟਿਕ ਕੇ ਉਹ ਆਪਣੇ ਅੰਦਰੋਂ ਹਉਮੈ ਦੂਰ ਕਰ ਲੈਂਦੇ ਹਨ ॥੫॥

39066	911	ਭੈ ਬਿਨੁ ਭਗਤਿ ਨ ਹੋਈ ਕਬ ਹੀ ਭੈ ਭਾਇ ਭਗਤਿ ਸਵਾਰੀ॥੬॥		Bhai Bin Bhagath N Hoee Kab Hee Bhai Bhaae Bhagath Savaaree ||6||	Without the Fear of God, devotional worship is never performed; through the Love and the Fear of God, devotional worship is embellished. ||6||	ਹੇ ਸੰਤ ਜਨੋ! ਪ੍ਰਭੂ ਦਾ ਡਰ-ਅਦਬ ਹਿਰਦੇ ਵਿਚ ਰੱਖਣ ਤੋਂ ਬਿਨਾ ਪ੍ਰਭੂ ਦੀ ਭਗਤੀ ਨਹੀਂ ਹੋ ਸਕਦੀ। ਡਰ-ਅਦਬ, ਪ੍ਰੇਮ ਅਤੇ ਭਗਤੀ ਵਿਚ ਟਿਕਣ ਵਾਲਿਆਂ ਨੇ ਆਪਣੀ ਜ਼ਿੰਦਗੀ ਸੋਹਣੀ ਬਣਾ ਲਈ ॥੬॥
39067	911	ਮਾਇਆ ਮੋਹੁ ਸਬਦਿ ਜਲਾਇਆ ਗਿਆਨਿ ਤਤਿ ਬੀਚਾਰੀ॥੭॥		Maaeiaa Mohu Sabadh Jalaaeiaa Giaan Thath Beechaaree ||7||	The Shabad burns away emotional attachment to Maya, and then one contemplates the essence of spiritual wisdom. ||7||	ਪ੍ਰਭੂ ਵਿਚ ਜੁੜ ਕੇ ਆਤਮਕ ਜੀਵਨ ਦੀ ਸੂਝ ਦੀ ਰਾਹੀਂ ਜਿਹੜੇ ਬੰਦੇ ਵਿਚਾਰਵਾਨ ਹੋ ਗਏ, ਉਹਨਾਂ ਨੇ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਅੰਦਰੋਂ ਮਾਇਆ ਦਾ ਮੋਹ ਸਾੜ ਲਿਆ ॥੭॥
39068	911	ਆਪੇ ਆਪਿ ਕਰਾਏ ਕਰਤਾ ਆਪੇ ਬਖਸਿ ਭੰਡਾਰੀ॥੮॥		Aapae Aap Karaaeae Karathaa Aapae Bakhas Bhanddaaree ||8||	The Creator Himself inspires us to act; He Himself blesses us with His treasure. ||8||	ਪਰ ਹੇ ਸੰਤ ਜਨੋ! ਪ੍ਰਭੂ ਆਪ ਹੀ (ਜੀਵਾਂ ਪਾਸੋਂ) ਆਪਣੀ ਭਗਤੀ ਕਰਾਂਦਾ ਹੈ, ਆਪ ਹੀ ਭਗਤੀ ਦੇ ਖ਼ਜ਼ਾਨੇ ਬਖ਼ਸ਼ਦਾ ਹੈ ॥੮॥
39069	911	ਤਿਸ ਕਿਆ ਗੁਣਾ ਕਾ ਅੰਤੁ ਨ ਪਾਇਆ ਹਉ ਗਾਵਾ ਸਬਦਿ ਵੀਚਾਰੀ॥੯॥		This Kiaa Gunaa Kaa Anth N Paaeiaa Ho Gaavaa Sabadh Veechaaree ||9||	The limits of His virtues cannot be found; I sing His Praises and contemplate the Word of the Shabad. ||9||	ਹੇ ਸੰਤ ਜਨੋ! ਮੈਂ ਉਸ ਪ੍ਰਭੂ ਦੇ ਗੁਣਾਂ ਦਾ ਅੰਤ ਨਹੀਂ ਪਾ ਸਕਦਾ। (ਉਸ ਦੀ ਮਿਹਰ ਨਾਲ ਹੀ) ਮੈਂ ਉਸ ਦੇ ਗੁਣ ਗਾਂਦਾ ਹਾਂ, ਗੁਰੂ ਦੇ ਸ਼ਬਦ ਦੀ ਰਾਹੀਂ (ਉਸ ਦੇ ਗੁਣਾਂ ਦੀ) ਵਿਚਾਰ ਕਰਦਾ ਹਾਂ ॥੯॥

39070	911	ਹਰਿ ਜੀਉ ਜਪੀ ਹਰਿ ਜੀਉ ਸਾਲਾਹੀ ਵਿਚਹੁ ਆਪੁ ਨਿਵਾਰੀ॥੧੦॥		Har Jeeo Japee Har Jeeo Saalaahee Vichahu Aap Nivaaree ||10||	I chant the Lord's Name, and praise my Dear Lord; egotism is eradicated from within me. ||10||	ਹੇ ਸੰਤ ਜਨੋ! (ਉਸ ਦੀ ਕਿਰਪਾ ਨਾਲ ਹੀ) ਮੈਂ ਉਸ ਦਾ ਨਾਮ ਜਪਦਾ ਹਾਂ, ਉਸ ਦੀ ਸਿਫ਼ਤ-ਸਾਲਾਹ ਕਰਦਾ ਹਾਂ, ਅਤੇ ਆਪਣੇ ਅੰਦਰੋਂ ਹਉਮੈ ਦੂਰ ਕਰਦਾ ਹਾਂ ॥੧੦॥
39071	911	ਨਾਮੁ ਪਦਾਰਥੁ ਗੁਰ ਤੇ ਪਾਇਆ ਅਖੁਟ ਸਚੇ ਭੰਡਾਰੀ॥੧੧॥	ਅਖੁੱਟ	Naam Padhaarathh Gur Thae Paaeiaa Akhutt Sachae Bhanddaaree ||11||	The treasure of the Naam is obtained from the Guru; the treasures of the True Lord are inexhaustible. ||11||	ਹੇ ਸੰਤ ਜਨੋ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ-ਖ਼ਜ਼ਾਨੇ ਕਦੇ ਮੁੱਕਣ ਵਾਲੇ ਨਹੀਂ ਹਨ, ਪਰ ਇਹ ਨਾਮ-ਪਦਾਰਥ ਗੁਰੂ ਪਾਸੋਂ ਮਿਲਦਾ ਹੈ ॥੧੧॥
39072	911	ਅਪਣਿਆ ਭਗਤਾ ਨੋ ਆਪੇ ਤੁਠਾ ਅਪਣੀ ਕਿਰਪਾ ਕਰਿ ਕਲ ਧਾਰੀ॥੧੨॥	ਤੁੱਠਾ	Apaniaa Bhagathaa No Aapae Thuthaa Apanee Kirapaa Kar Kal Dhhaaree ||12||	He Himself is pleased with His devotees; by His Grace, He infuses His strength within them. ||12||	ਹੇ ਸੰਤ ਜਨੋ! ਆਪਣੇ ਭਗਤਾਂ ਉਤੇ ਪ੍ਰਭੂ ਆਪ ਹੀ ਦਇਆਵਾਨ ਹੁੰਦਾ ਹੈ ਅਤੇ ਉਹਨਾਂ ਦੇ ਅੰਦਰ ਆਪ ਹੀ ਕਿਰਪਾ ਕਰ ਕੇ (ਨਾਮ ਜਪਣ ਦੀ) ਸੱਤਿਆ ਟਿਕਾਈ ਰੱਖਦਾ ਹੈ ॥੧੨॥
39073	911	ਤਿਨ ਸਾਚੇਨਾਮ ਕੀ ਸਦਾ ਭੁਖ ਲਾਗੀ ਗਾਵਨਿ ਸਬਦਿ ਵੀਚਾਰੀ॥੧੩॥	ਭੁੱਖ	Thin Saachae Naam Kee Sadhaa Bhukh Laagee Gaavan Sabadh Veechaaree ||13||	They always feel hunger for the True Name; they sing and contemplate the Shabad. ||13||	(ਇਸ ਦਾ ਸਿੱਟਾ ਇਹ ਨਿਕਲਦਾ ਹੈ ਕਿ) ਉਹਨਾਂ (ਭਗਤ ਜਨਾਂ) ਨੂੰ ਸਦਾ-ਥਿਰ ਪ੍ਰਭੂ ਦੇ ਨਾਮ ਦੀ ਸਦਾ ਭੁੱਖ ਲੱਗੀ ਰਹਿੰਦੀ ਹੈ, ਉਹ ਉੱਚੀ ਵਿਚਾਰ ਦੇ ਮਾਲਕ ਬੰਦੇ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੇ ਗੁਣ ਗਾਂਦੇ ਰਹਿੰਦੇ ਹਨ ॥੧੩॥

39074	911	ਜੀਉ ਪਿੰਡੁ ਸਭੁ ਕਿਛੁ ਹੈ ਤਿਸ ਕਾ ਆਖਣੁ ਬਿਖਮੁ ਬੀਚਾਰੀ॥੧੪॥		Jeeo Pindd Sabh Kishh Hai This Kaa Aakhan Bikham Beechaaree ||14||	Soul, body and everything are His; it is so difficult to speak of, and contemplate Him. ||14||	ਹੇ ਸੰਤ ਜਨੋ! ਇਹ ਜਿੰਦ ਤੇ ਇਹ ਸਰੀਰ (ਜੀਵਾਂ ਨੂੰ) ਸਭ ਕੁਝ ਉਸ ਪਰਮਾਤਮਾ ਦਾ ਹੀ ਦਿੱਤਾ ਹੋਇਆ ਹੈ, (ਉਸ ਦੀਆਂ ਬਖ਼ਸ਼ਸ਼ਾਂ ਦਾ) ਵਿਚਾਰ ਕਰਨਾ ਤੇ ਬਿਆਨ ਕਰਨਾ (ਬਹੁਤ) ਔਖਾ ਹੈ ॥੧੪॥
39075	911	ਸਬਦਿ ਲਗੇ ਸੇਈ ਜਨ ਨਿਸਤਰੇ ਭਉਜਲੁ ਪਾਰਿ ਉਤਾਰੀ॥੧੫॥		Sabadh Lagae Saeee Jan Nisatharae Bhoujal Paar Outhaaree ||15||	Those humble beings who are attached to the Shabad are saved; they cross over the terrifying world-ocean. ||15||	ਹੇ ਸੰਤ ਜਨੋ! ਜਿਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਸੁਰਤ ਜੋੜਦੇ ਹਨ, ਉਹੀ ਸੰਸਾਰ-ਸਮੁੰਦਰ ਤੋਂ ਤਰ ਜਾਂਦੇ ਹਨ, ਪਾਰ ਲੰਘ ਜਾਂਦੇ ਹਨ ॥੧੫॥
39076	911	ਬਿਨੁ ਹਰਿ ਸਾਚੇ ਕੋ ਪਾਰਿ ਨ ਪਾਵੈ ਬੂਝੈ ਕੋ ਵੀਚਾਰੀ॥੧੬॥		Bin Har Saachae Ko Paar N Paavai Boojhai Ko Veechaaree ||16||	Without the True Lord, no one can cross over; how rare are those who contemplate and understand this. ||16||	ਹੇ ਸੰਤ ਜਨੋ! ਕੋਈ ਵਿਰਲਾ ਵਿਚਾਰਵਾਨ ਇਹ ਗੱਲ ਸਮਝਦਾ ਹੈ ਕਿ ਸਦਾ-ਥਿਰ ਪ੍ਰਭੂ ਦੇ ਨਾਮ ਤੋਂ ਬਿਨਾ ਕੋਈ ਹੋਰ (ਇਸ ਸੰਸਾਰ-ਸਮੁੰਦਰ ਤੋਂ) ਪਾਰ ਨਹੀਂ ਲੰਘਾ ਸਕਦਾ ॥੧੬॥
39077	911	ਜੋ ਧੁਰਿ ਲਿਖਿਆ ਸੋਈ ਪਾਇਆ ਮਿਲਿ ਹਰਿ ਸਬਦਿ ਸਵਾਰੀ॥੧੭॥		Jo Dhhur Likhiaa Soee Paaeiaa Mil Har Sabadh Savaaree ||17||	We obtain only that which is pre-ordained; receiving the Lord's Shabad, we are embellished. ||17||	(ਪਰ ਹੇ ਸੰਤ ਜਨੋ! ਇਹ ਨਾਮ ਦੀ ਦਾਤ ਜੀਵਾਂ ਦੇ ਵੱਸ ਦੀ ਖੇਡ ਨਹੀਂ ਹੈ, ਪ੍ਰਭੂ ਨੇ) ਧੁਰ-ਦਰਗਾਹ ਤੋਂ (ਜੀਵਾਂ ਦੇ ਮੱਥੇ ਤੇ ਜੋ ਲੇਖ ਲਿਖ ਦਿੱਤਾ ਉਹੀ ਪ੍ਰਾਪਤ ਹੁੰਦਾ ਹੈ, ਤੇ ਜੀਵ ਪ੍ਰਭੂ-ਚਰਨਾਂ ਵਿਚ ਜੁੜ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਆਪਣਾ ਜੀਵਨ ਸੰਵਾਰਦਾ ਹੈ ॥੧੭॥

39078	911	ਕਾਇਆ ਕੰਚਨੁ ਸਬਦੇ ਰਾਤੀ ਸਾਚੈ ਨਾਇ ਪਿਆਰੀ॥੧੮॥		Kaaeiaa Kanchan Sabadhae Raathee Saachai Naae Piaaree ||18||	Imbued with the Shabad, the body becomes golden, and loves only the True Name. ||18||	ਹੇ ਸੰਤ ਜਨੋ! ਜਿਹੜਾ ਸਰੀਰ ਗੁਰੂ ਦੇ ਸ਼ਬਦ-ਰੰਗ ਵਿਚ ਰੰਗਿਆ ਰਹਿੰਦਾ ਹੈ ਅਤੇ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਪਿਆਰ ਕਰਦਾ ਹੈ ਉਹ ਸਰੀਰ ਸੋਨਾ ਬਣ ਜਾਂਦਾ ਹੈ (ਸੁੱਧ ਸੋਨੇ ਵਰਗਾ ਵਿਕਾਰ-ਰਹਿਤ ਪਵਿੱਤਰ ਹੋ ਜਾਂਦਾ ਹੈ) ॥੧੮॥
39079	911	ਕਾਇਆ ਅੰਮ੍ਰਿਤਿ ਰਹੀ ਭਰਪੂਰੇ ਪਾਈਐ ਸਬਦਿ ਵੀਚਾਰੀ ॥੧੯॥		Kaaeiaa Anmrith Rehee Bharapoorae Paaeeai Sabadh Veechaaree ||19||	The body is then filled to overflowing with Ambrosial Nectar, obtained by contemplating the Shabad. ||19||	(ਹੇ ਸੰਤ ਜਨੋ! ਉਹ ਸਰੀਰ ਪਵਿੱਤਰ ਹੈ) ਜਿਹੜਾ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਨਕਾ-ਨਕ ਭਰਿਆ ਰਹਿੰਦਾ ਹੈ, ਪਰ ਇਹ ਨਾਮ-ਅੰਮ੍ਰਿਤ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੇ ਗੁਣਾਂ ਦੀ ਵਿਚਾਰ ਕੀਤਿਆਂ ਹੀ ਪ੍ਰਾਪਤ ਹੁੰਦਾ ਹੈ ॥੧੯॥
39080	911	ਜੋ ਪ੍ਰਭੁ ਖੋਜਹਿ ਸੇਈ ਪਾਵਹਿ ਹੋਰਿ ਫੂਟਿ ਮੂਏ ਅਹੰਕਾਰੀ॥੨੦॥		Jo Prabh Khojehi Saeee Paavehi Hor Foott Mooeae Ahankaaree ||20||	Those who seek God, find Him; others burst and die from their own egotism. ||20||	(ਹੇ ਸੰਤ ਜਨੋ!) ਜਿਹੜੇ ਮਨੁੱਖ (ਆਪਣੇ ਇਸ ਸਰੀਰ ਵਿਚ ਹੀ) ਪ੍ਰਭੂ ਨੂੰ ਲੱਭਦੇ ਹਨ ਉਹੀ ਉਸ ਦਾ ਮਿਲਾਪ ਪ੍ਰਾਪਤ ਕਰ ਲੈਂਦੇ ਹਨ। (ਸਰੀਰ ਤੋਂ ਬਾਹਰ ਭਾਲਣ ਵਾਲੇ) ਹੋਰ ਬੰਦੇ (ਭੇਖ ਆਦਿਕ ਦੇ) ਮਾਣ ਵਿਚ ਆਫਰ ਆਫਰ ਕੇ ਆਤਮਕ ਮੌਤ ਸਹੇੜ ਲੈਂਦੇ ਹਨ ॥੨੦॥

39081	911	ਬਾਦੀ ਬਿਨਸਹਿ ਸੇਵਕ ਸੇਵਹਿ ਗੁਰ ਕੈ ਹੇਤਿ ਪਿਆਰੀ॥੨੧॥		Baadhee Binasehi Saevak Saevehi Gur Kai Haeth Piaaree ||21||	The debaters waste away, while the servants serve, with love and affection for the Guru. ||21||	ਹੇ ਸੰਤ ਜਨੋ! ਨਿਰੀਆਂ ਫੋਕੀਆਂ ਗੱਲਾਂ ਕਰਨ ਵਾਲੇ ਮਨੁੱਖ ਆਤਮਕ ਤੌਰ ਤੇ ਮਰ ਜਾਂਦੇ ਹਨ, ਪਰ ਭਗਤ ਜਨ ਗੁਰੂ ਦੀ ਰਾਹੀਂ ਮਿਲੇ ਪ੍ਰੇਮ-ਪਿਆਰ ਨਾਲ ਪਰਮਾਤਮਾ ਦੀ ਸੇਵਾ-ਭਗਤੀ ਕਰਦੇ ਹਨ ॥੨੧॥
39082	911	ਸੋ ਜੋਗੀ ਤਤੁ ਗਿਆਨੁ ਬੀਚਾਰੇ ਹਉਮੈ ਤ੍ਰਿਸਨਾ ਮਾਰੀ॥੨੨॥		So Jogee Thath Giaan Beechaarae Houmai Thrisanaa Maaree ||22||	He alone is a Yogi, who contemplates the essence of spiritual wisdom, and conquers egotism and thirsty desire. ||22||	ਹੇ ਸੰਤ ਜਨੋ! ਉਹੀ ਮਨੁੱਖ ਜੋਗੀ ਹੈ (ਪ੍ਰਭੂ-ਚਰਨਾਂ ਵਿਚ ਜੁੜਿਆ ਹੋਇਆ ਹੈ) ਜੋ ਆਪਣੇ ਅੰਦਰੋਂ ਹਉਮੈ ਮਾਰ ਕੇ ਮਾਇਆ ਦੀ ਤ੍ਰਿਸ਼ਨਾ ਦੂਰ ਕਰ ਕੇ ਉੱਚੇ ਆਤਮਕ ਜੀਵਨ ਨਾਲ ਸਾਂਝ ਪਾਂਦਾ ਹੈ ਜਗਤ ਦੇ ਮੂਲ-ਪ੍ਰਭੂ ਦੇ ਗੁਣਾਂ ਨੂੰ ਵਿਚਾਰਦਾ ਰਹਿੰਦਾ ਹੈ ॥੨੨॥
39083	911	ਸਤਿਗੁਰੁ ਦਾਤਾ ਤਿਨੈ ਪਛਾਤਾ ਜਿਸ ਨੋ ਕ੍ਰਿਪਾ ਤੁਮਾਰੀ॥੨੩॥		Sathigur Dhaathaa Thinai Pashhaathaa Jis No Kirapaa Thumaaree ||23||	The True Guru, the Great Giver, is revealed to those upon whom You bestow Your Grace, O Lord. ||23||	(ਹੇ ਪ੍ਰਭੂ! ਜੀਵਾਂ ਦੇ ਵੱਸ ਦੀ ਗੱਲ ਨਹੀਂ) ਜਿਸ ਮਨੁੱਖ ਉਤੇ ਤੇਰੀ ਦਇਆ ਹੁੰਦੀ ਹੈ, ਉਸ ਨੇ ਇਹ ਗੱਲ ਸਮਝੀ ਹੁੰਦੀ ਹੈ ਕਿ ਗੁਰੂ (ਹੀ ਤੇਰੇ ਨਾਮ ਦੀ ਦਾਤਿ) ਦੇਣ ਵਾਲਾ ਹੈ ॥੨੩॥

39084	911	ਸਤਿਗੁਰੁ ਨ ਸੇਵਹਿ ਮਾਇਆ ਲਾਗੇ ਡੂਬਿ ਮੂਏ ਅਹੰਕਾਰੀ॥੨੪॥		Sathigur N Saevehi Maaeiaa Laagae Ddoob Mooeae Ahankaaree ||24||	Those who do not serve the True Guru, and who are attached to Maya, are drowned; they die in their own egotism. ||24||	ਹੇ ਸੰਤ ਜਨੋ! ਜਿਹੜੇ ਮਨੁੱਖ ਗੁਰੂ ਦਾ ਦਰ ਨਹੀਂ ਮੱਲਦੇ, ਉਹ ਮਨੁੱਖ ਮਾਇਆ (ਦੇ ਮੋਹ) ਵਿਚ ਫਸੇ ਰਹਿੰਦੇ ਹਨ, (ਮਾਇਆ ਦੇ ਕਾਰਨ) ਅਹੰਕਾਰੀ ਹੋਏ ਹੋਏ ਉਹ ਮਨੁੱਖ (ਮਾਇਆ ਦੇ ਮੋਹ ਵਿਚ) ਡੁੱਬ ਕੇ ਆਤਮਕ ਮੌਤੇ ਮਰੇ ਰਹਿੰਦੇ ਹਨ ॥੨੪॥
39085	911	ਜਿਚਰੁ ਅੰਦਰਿ ਸਾਸੁ ਤਿਚਰੁ ਸੇਵਾ ਕੀਚੈ ਜਾਇ ਮਿਲੀਐ ਰਾਮ ਮੁਰਾਰੀ॥੨੫॥		Jichar Andhar Saas Thichar Saevaa Keechai Jaae Mileeai Raam Muraaree ||25||	As long as there is breath within you, so long you should serve the Lord; then, you will go and meet the Lord. ||25||	ਹੇ ਸੰਤ ਜਨੋ! ਜਿਤਨਾ ਚਿਰ ਸਰੀਰ ਵਿਚ ਸਾਹ ਆ ਰਿਹਾ ਹੈ ਉਤਨਾ ਚਿਰ ਪ੍ਰਭੂ ਦੀ ਸੇਵਾ-ਭਗਤੀ ਕਰਦੇ ਰਹਿਣਾ ਚਾਹੀਦਾ ਹੈ। (ਪ੍ਰਭੂ ਦੀ ਭਗਤੀ ਦੀ ਬਰਕਤਿ ਨਾਲ ਹੀ) ਪ੍ਰਭੂ ਨੂੰ ਜਾ ਮਿਲੀਦਾ ਹੈ ॥੨੫॥
39086	911	ਅਨਦਿਨੁ ਜਾਗਤ ਰਹੈ ਦਿਨੁ ਰਾਤੀ ਅਪਨੇ ਪ੍ਰਿਅ ਪ੍ਰੀਤਿ ਪਿਆਰੀ॥੨੬॥		Anadhin Jaagath Rehai Dhin Raathee Apanae Pria Preeth Piaaree ||26||	Night and day, she remains awake and aware, day and night; she is the darling bride of her Beloved Husband Lord. ||26||	ਹੇ ਸੰਤ ਜਨੋ! ਆਪਣੇ ਪਿਆਰੇ ਪ੍ਰਭੂ ਨਾਲ ਪ੍ਰੀਤ-ਪਿਆਰ ਦੀ ਰਾਹੀਂ ਮਨੁੱਖ ਦਿਨ ਰਾਤ ਵੇਲੇ (ਮਾਇਆ ਦੇ ਮੋਹ ਦੇ ਹੱਲਿਆਂ ਵਲੋਂ) ਸੁਚੇਤ ਰਹਿ ਸਕਦਾ ਹੈ ॥੨੬॥

39087	911	ਤਨੁ ਮਨੁ ਵਾਰੀ ਵਾਰਿ ਘੁਮਾਈ ਅਪਨੇ ਗੁਰ ਵਿਟਹੁ ਬਲਿਹਾਰੀ ॥੨੭॥		Than Man Vaaree Vaar Ghumaaee Apanae Gur Vittahu Balihaaree ||27||	I offer my body and mind in sacrifice to my Guru; I am a sacrifice to Him. ||27||	(ਹੇ ਸੰਤ ਜਨੋ! ਤਾਹੀਏਂ) ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ, ਗੁਰੂ ਤੋਂ ਆਪਣਾ ਤਨ ਮਨ ਕੁਰਬਾਨ ਕਰਦਾ ਹਾਂ, ਘੋਲਿ ਘੁਮਾਂਦਾ ਹਾਂ ॥੨੭॥
39088	911	ਮਾਇਆ ਮੋਹੁ ਬਿਨਸਿ ਜਾਇਗਾ ਉਬਰੇ ਸਬਦਿ ਵੀਚਾਰੀ॥੨੮॥		Maaeiaa Mohu Binas Jaaeigaa Oubarae Sabadh Veechaaree ||28||	Attachment to Maya will end and go away; only by contemplating the Shabad will you be saved. ||28||	ਹੇ ਸੰਤ ਜਨੋ! ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਕਰਨ ਵਾਲੇ ਬੰਦੇ (ਸੰਸਾਰ-ਸਮੁੰਦਰ ਤੋਂ) ਬਚ ਨਿਕਲਦੇ ਹਨ। (ਜਿਹੜਾ ਭੀ ਮਨੁੱਖ ਇਹ ਉੱਦਮ ਕਰਦਾ ਰਹਿੰਦਾ ਹੈ, ਉਸ ਦੇ ਅੰਦਰੋਂ) ਮਾਇਆ ਦਾ ਮੋਹ ਨਾਸ ਹੋ ਜਾਇਗਾ ॥੨੮॥
39089	911	ਆਪਿ ਜਗਾਏ ਸੇਈ ਜਾਗੇ ਗੁਰ ਕੈ ਸਬਦਿ ਵੀਚਾਰੀ॥੨੯॥		Aap Jagaaeae Saeee Jaagae Gur Kai Sabadh Veechaaree ||29||	They are awake and aware, whom the Lord Himself awakens; so contemplate the Word of the Guru's Shabad. ||29||	(ਹੇ ਸੰਤ ਜਨੋ! ਇਹ ਕੋਈ ਸੌਖੀ ਖੇਡ ਨਹੀਂ ਹੈ। ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਉਹੀ ਮਨੁੱਖ ਜਾਗਦੇ ਹਨ, ਜਿਨ੍ਹਾਂ ਨੂੰ ਪ੍ਰਭੂ ਆਪ ਜਗਾਂਦਾ ਹੈ, ਅਜਿਹੇ ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤ ਨਾਲ ਵਿਚਾਰਵਾਨ ਹੋ ਜਾਂਦੇ ਹਨ ॥੨੯॥

39090	911	ਨਾਨਕ ਸੇਈ ਮੂਏ ਜਿ ਨਾਮੁ ਨ ਚੇਤਹਿ ਭਗਤ ਜੀਵੇ ਵੀਚਾਰੀ॥੩੦॥੪॥ ੧੩॥		Naanak Saeee Mooeae J Naam N Chaethehi Bhagath Jeevae Veechaaree ||30||4||13||	O Nanak, those who do not remember the Naam are dead. The devotees live in contemplative meditation. ||30||4||13||	ਹੇ ਨਾਨਕ! (ਹੇ ਸੰਤ ਜਨੋ!) ਜਿਹੜੇ ਮਨੁੱਖ ਪਰਮਾਤਮਾ ਦਾ ਨਾਮ ਨਹੀਂ ਸਿਮਰਦੇ, ਉਹੀ ਮਨੁੱਖ ਆਤਮਕ ਤੌਰ ਤੇ ਮਰੇ ਰਹਿੰਦੇ ਹਨ। ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਦਾ ਸਦਕਾ ਆਤਮਕ ਜੀਵਨ ਵਾਲੇ ਹੋ ਗਏ ਹਨ ॥੩੦॥੪॥੧੩॥
39091	911	ਰਾਮਕਲੀ ਮਹਲਾ ੩॥		Raamakalee Mehalaa 3 ||	Raamkalee, Third Mehl:	
39092	911	ਨਾਮੁ ਖਜਾਨਾ ਗੁਰ ਤੇ ਪਾਇਆ ਤ੍ਰਿਪਤਿ ਰਹੇ ਆਘਾਈ॥੧॥		Naam Khajaanaa Gur Thae Paaeiaa Thripath Rehae Aaghaaee ||1||	Receiving the treasure of the Naam, the Name of the Lord, from the Guru, I remain satisfied and fulfilled. ||1||	ਹੇ ਸੰਤ ਜਨੋ! ਪਰਮਾਤਮਾ ਦਾ ਨਾਮ-ਖ਼ਜ਼ਾਨਾ ਗੁਰੂ ਪਾਸੋਂ ਮਿਲਦਾ ਹੈ, (ਜਿਨ੍ਹਾਂ ਨੂੰ ਇਹ ਖ਼ਜ਼ਾਨਾ ਮਿਲ ਜਾਂਦਾ ਹੈ, ਉਹ ਮਾਇਆ ਦੀ ਤ੍ਰਿਸ਼ਨਾ ਵਲੋਂ) ਪੂਰਨ ਤੌਰ ਤੇ ਰੱਜ ਜਾਂਦੇ ਹਨ ॥੧॥
39093	911	ਸੰਤਹੁ ਗੁਰਮੁਖਿ ਮੁਕਤਿ ਗਤਿ ਪਾਈ॥		Santhahu Guramukh Mukath Gath Paaee ||	O Saints, the Gurmukhs attain the state of liberation.	ਹੇ ਸੰਤ ਜਨੋ! ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਵਿਕਾਰਾਂ ਤੋਂ ਖ਼ਲਾਸੀ ਹਾਸਲ ਕਰ ਲੈਂਦਾ ਹੈ, ਉਹ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲੈਂਦਾ ਹੈ।

39094	912	ਏਕੁ ਨਾਮੁ ਵਸਿਆ ਘਟ ਅੰਤਰਿ ਪੂਰੇ ਕੀ ਵਡਿਆਈ॥੧॥ਰਹਾਉ॥		Eaek Naam Vasiaa Ghatt Anthar Poorae Kee Vaddiaaee ||1|| Rehaao ||	The One Name abides deep within my heart; such is the glorious greatness of the Perfect Lord. ||1||Pause||	ਉਸ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਹੀ ਵਸਿਆ ਰਹਿੰਦਾ ਹੈ, (ਪਰ ਗੁਰੂ ਭੀ ਤਦੋਂ ਹੀ ਮਿਲਦਾ ਹੈ ਜੇ) ਸਾਰੇ ਗੁਣਾਂ ਦੇ ਮਾਲਕ-ਪ੍ਰਭੂ ਦੀ ਮਿਹਰ ਹੋਵੇ ॥੧॥ ਰਹਾਉ ॥
39095	912	ਆਪੇ ਕਰਤਾ ਆਪੇ ਭੁਗਤਾ ਦੇਦਾ ਰਿਜਕੁ ਸਬਾਈ॥੨॥		Aapae Karathaa Aapae Bhugathaa Dhaedhaa Rijak Sabaaee ||2||	He Himself is the Creator, and He Himself is the Enjoyer. He Himself gives sustenance to all. ||2||	(ਹੇ ਸੰਤ ਜਨੋ!) ਪਰਮਾਤਮਾ ਆਪ ਹੀ ਸਭ ਜੀਵਾਂ ਦਾ ਪੈਦਾ ਕਰਨ ਵਾਲਾ ਹੈ, (ਸਭ ਜੀਵਾਂ ਵਿਚ ਵਿਆਪਕ ਹੋ ਕੇ) ਆਪ ਹੀ (ਸਾਰੇ ਭੋਗ) ਭੋਗਣ ਵਾਲਾ ਹੈ, ਸਾਰੀ ਲੋਕਾਈ ਨੂੰ (ਆਪ ਹੀ) ਰਿਜ਼ਕ ਦੇਣ ਵਾਲਾ ਹੈ ॥੨॥
39096	912	ਜੋ ਕਿਛੁ ਕਰਣਾ ਸੋ ਕਰਿ ਰਹਿਆ ਅਵਰੁ ਨ ਕਰਣਾ ਜਾਈ॥੩॥		Jo Kishh Karanaa So Kar Rehiaa Avar N Karanaa Jaaee ||3||	Whatever He wants to do, He is doing; no one else can do anything. ||3||	ਹੇ ਸੰਤ ਜਨੋ! ਉਹ ਪ੍ਰਭੂ ਆਪ ਹੀ ਜੋ ਕੁਝ ਕਰਨਾ ਚਾਹੁੰਦਾ ਹੈ ਕਰ ਰਿਹਾ ਹੈ, ਕਿਸੇ ਜੀਵ ਪਾਸੋਂ ਉਸ ਦੇ ਉਲਟ ਕੁਝ ਹੋਰ ਨਹੀਂ ਕੀਤਾ ਜਾ ਸਕਦਾ ॥੩॥
39097	912	ਆਪੇ ਸਾਜੇ ਸ੍ਰਿਸਟਿ ਉਪਾਏ ਸਿਰਿ ਸਿਰਿ ਧੰਧੈ ਲਾਈ॥੪॥		Aapae Saajae Srisatt Oupaaeae Sir Sir Dhhandhhai Laaee ||4||	He Himself fashions and creates the creation; He links each and every person to their task. ||4||	ਹੇ ਸੰਤ ਜਨੋ! ਪ੍ਰਭੂ ਆਪ ਹੀ (ਸਭ ਜੀਵਾਂ ਦੀ) ਘਾੜਤ ਘੜਦਾ ਹੈ, ਆਪ ਹੀ ਇਹ ਜਗਤ ਪੈਦਾ ਕਰਦਾ ਹੈ, ਹਰੇਕ ਜੀਵ ਦੇ ਸਿਰ ਉਤੇ ਉਸ ਨੇ ਆਪ ਹੀ (ਮਾਇਆ ਦੇ) ਜੰਜਾਲ ਦੀ (ਪੋਟਲੀ) ਚੰਬੋੜੀ ਹੋਈ ਹੈ ॥੪॥

39098	912	ਤਿਸਹਿ ਸਰੇਵਹੁ ਤਾ ਸੁਖੁ ਪਾਵਹੁ ਸਤਿਗੁਰਿ ਮੇਲਿ ਮਿਲਾਈ॥੫॥		Thisehi Saraevahu Thaa Sukh Paavahu Sathigur Mael Milaaee ||5||	If you serve Him, then you will find peace; the True Guru will unite you in His Union. ||5||	ਹੇ ਸੰਤ ਜਨੋ! ਉਸ ਪਰਮਾਤਮਾ ਨੂੰ ਹੀ ਸਿਮਰਦੇ ਰਹੋ, ਤਦੋਂ ਹੀ ਆਤਮਕ ਆਨੰਦ ਕਰ ਸਕੋਗੇ। (ਪਰ ਸਿਮਰਦਾ ਉਹੀ ਹੈ ਜਿਸ ਨੂੰ) ਗੁਰੂ ਨੇ ਪਰਮਾਤਮਾ ਦੇ ਚਰਨਾਂ ਵਿਚ ਜੋੜਿਆ ਹੈ ॥੫॥
39099	912	ਆਪਣਾ ਆਪੁ ਆਪਿ ਉਪਾਏ ਅਲਖੁ ਨ ਲਖਣਾ ਜਾਈ॥੬॥	ਅ-ਲਖੁ:ਪੋਲਾ ਬੋਲੋ	Aapanaa Aap Aap Oupaaeae Alakh N Lakhanaa Jaaee ||6||	The Lord Himself creates Himself; the Unseen Lord cannot be seen. ||6||	ਹੇ ਸੰਤ ਜਨੋ! ਪ੍ਰਭੂ ਆਪ ਹੀ ਆਪਣਾ ਆਪ (ਕਿਸੇ ਜੀਵ ਦੇ ਹਿਰਦੇ ਵਿਚ) ਪਰਗਟ ਕਰਦਾ ਹੈ, ਉਹ ਅਲੱਖ ਹੈ, ਉਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ ॥੬॥
39100	912	ਆਪੇ ਮਾਰਿ ਜੀਵਾਲੇ ਆਪੇ ਤਿਸ ਨੋ ਤਿਲੁ ਨ ਤਮਾਈ॥੭॥		Aapae Maar Jeevaalae Aapae This No Thil N Thamaaee ||7||	He Himself kills, and brings back to life; He does not have even an iota of greed. ||7||	(ਹੇ ਸੰਤ ਜਨੋ! ਜੀਵਾਂ ਨੂੰ) ਆਤਮਕ ਮੌਤ ਦੇ ਕੇ (ਫਿਰ) ਆਪ ਹੀ ਪ੍ਰਭੂ ਆਤਮਕ ਜੀਵਨ ਦੇਂਦਾ ਹੈ। ਉਸ ਨੂੰ ਕਿਸੇ ਤਰ੍ਹਾਂ ਦਾ ਕੋਈ ਰਤਾ ਭਰ ਭੀ ਲਾਲਚ ਨਹੀਂ ਹੈ ॥੭॥
39101	912	ਇਕਿ ਦਾਤੇ ਇਕਿ ਮੰਗਤੇ ਕੀਤੇ ਆਪੇ ਭਗਤਿ ਕਰਾਈ॥੮॥		Eik Dhaathae Eik Mangathae Keethae Aapae Bhagath Karaaee ||8||	Some are made givers, and some are made beggars; He Himself inspires us to devotional worship. ||8||	ਹੇ ਸੰਤ ਜਨੋ! ਜਗਤ ਵਿਚ ਪਰਮਾਤਮਾ ਨੇ ਕਈ ਜੀਵਾਂ ਨੂੰ ਦੂਜਿਆਂ ਦੀ ਮਦਦ ਕਰਨ ਦੇ ਸਮਰੱਥ ਬਣਾ ਦਿਤਾ ਹੈ, ਕਈ ਜੀਵ ਉਸ ਨੇ ਕੰਗਾਲ-ਮੰਗਤੇ ਬਣਾ ਦਿਤੇ ਹਨ। (ਜਿਨ੍ਹਾਂ ਉਤੇ ਮਿਹਰ ਕਰਦਾ ਹੈ ਉਹਨਾਂ ਪਾਸੋਂ) ਆਪਣੀ ਭਗਤੀ ਪਰਮਾਤਮਾ ਆਪ ਹੀ ਕਰਾਂਦਾ ਹੈ ॥੮॥

39102	912	ਸੇ ਵਡਭਾਗੀ ਜਿਨੀ ਏਕੋ ਜਾਤਾ ਸਚੇ ਰਹੇ ਸਮਾਈ॥੯॥		Sae Vaddabhaagee Jinee Eaeko Jaathaa Sachae Rehae Samaaee ||9||	Those who know the One Lord are very fortunate; they remain absorbed in the True Lord. ||9||	ਹੇ ਸੰਤ ਜਨੋ! ਜਿਨ੍ਹਾਂ ਬੰਦਿਆਂ ਨੇ ਇਕ ਪਰਮਾਤਮਾ ਨਾਲ ਜਾਣ-ਪਛਾਣ ਬਣਾ ਲਈ ਹੈ ਉਹ ਵੱਡੇ ਭਾਗਾਂ ਵਾਲੇ ਹਨ, ਉਹ ਸਦਾ ਕਾਇਮ ਰਹਿਣ ਵਾਲੇ ਪ੍ਰਭੂ (ਦੀ ਯਾਦ) ਵਿਚ ਲੀਨ ਰਹਿੰਦੇ ਹਨ ॥੯॥
39103	912	ਆਪਿ ਸਰੂਪੁ ਸਿਆਣਾ ਆਪੇ ਕੀਮਤਿ ਕਹਣੁ ਨ ਜਾਈ॥੧੦॥		Aap Saroop Siaanaa Aapae Keemath Kehan N Jaaee ||10||	He Himself is beautiful, He Himself is wise and clever; His worth cannot be expressed. ||10||	ਹੇ ਸੰਤ ਜਨੋ! ਪਰਮਾਤਮਾ ਆਪ (ਸਭ ਤੋਂ) ਸੁੰਦਰ ਹੈ (ਸਭ ਤੋਂ) ਸਿਆਣਾ (ਭੀ) ਆਪ ਹੀ ਹੈ। (ਉਸ ਦੀ ਸੁੰਦਰਤਾ ਤੇ ਸਿਆਣਪ ਦਾ) ਮੁਲ ਦਸਿਆ ਨਹੀਂ ਜਾ ਸਕਦਾ ॥੧੦॥
39104	912	ਆਪੇ ਦੁਖੁ ਸੁਖੁ ਪਾਏ ਅੰਤਰਿ ਆਪੇ ਭਰਮਿ ਭੁਲਾਈ॥੧੧॥		Aapae Dhukh Sukh Paaeae Anthar Aapae Bharam Bhulaaee ||11||	He Himself infuses pain and pleasure; He Himself makes them wander around in doubt. ||11||	ਹੇ ਸੰਤ ਜਨੋ! ਹਰੇਕ ਜੀਵ ਦੇ ਅੰਦਰ ਪਰਮਾਤਮਾ ਆਪ ਹੀ ਦੁਖ ਪੈਦਾ ਕਰਦਾ ਹੈ। ਆਪ ਹੀ ਸੁਖ (ਭੀ) ਦੇਂਦਾ ਹੈ। ਉਹ ਆਪ ਹੀ ਜੀਵ ਨੂੰ ਭਟਕਣਾ ਵਿਚ ਪਾ ਕੇ ਉਸ ਨੂੰ ਕੁਰਾਹੇ ਪਾ ਦੇਂਦਾ ਹੈ ॥੧੧॥
39105	912	ਵਡਾ ਦਾਤਾ ਗੁਰਮੁਖਿ ਜਾਤਾ ਨਿਗੁਰੀ ਅੰਧ ਫਿਰੈ ਲੋਕਾਈ॥੧੨॥		Vaddaa Dhaathaa Guramukh Jaathaa Niguree Andhh Firai Lokaaee ||12||	The Great Giver is revealed to the Gurmukh; without the Guru, the world wanders in darkness. ||12||	ਹੇ ਸੰਤ ਜਨੋ! ਜਿਸ ਮਨੁਖ ਨੇ ਗੁਰੂ ਦੀ ਸਰਨ ਲਈ, ਉਸ ਨੇ ਉਸ ਵੱਡੇ ਦਾਤਾਰ ਪ੍ਰਭੂ ਨਾਲ ਸਾਂਝ ਪਾ ਲਈ; ਪਰ ਮਾਇਆ ਦੇ ਮੋਹ ਵਿਚ ਅੰਨ੍ਹੀ ਹੋਈ ਲੋਕਾਈ ਭਟਕਦੀ ਫਿਰਦੀ ਹੈ ॥੧੨॥

39106	912	ਜਿਨੀ ਚਾਖਿਆ ਤਿਨਾ ਸਾਦੁ ਆਇਆ ਸਤਿਗੁਰਿ ਬੂਝ ਬੁਝਾਈ॥੧੩॥	ਬੂੱਝ। ਬੁੱਝਾਈ	Jinee Chaakhiaa Thinaa Saadh Aaeiaa Sathigur Boojh Bujhaaee ||13||	Those who taste, enjoy the flavor; the True Guru imparts this understanding. ||13||	ਹੇ ਸੰਤ ਜਨੋ! ਜਿਨ੍ਹਾਂ ਨੂੰ ਗੁਰੂ ਨੇ (ਨਾਮ ਅੰਮ੍ਰਿਤ ਦੀ) ਕਦਰ ਬਖ਼ਸ਼ੀ, ਜਿਨ੍ਹਾਂ ਨੇ (ਇਸ ਤਰ੍ਹਾਂ ਨਾਮ-ਅੰਮ੍ਰਿਤ) ਚਖ ਲਿਆ, ਉਹਨਾਂ ਨੂੰ ਉਸ ਦਾ ਆਨੰਦ ਆ ਗਿਆ (ਤੇ ਉਹ ਸਦਾ ਨਾਮ ਵਿਚ ਜੁੜੇ ਰਹੇ) ॥੧੩॥
39107	912	ਇਕਨਾ ਨਾਵਹੁ ਆਪਿ ਭੁਲਾਏ ਇਕਨਾ ਗੁਰਮੁਖਿ ਦੇਇ ਬੁਝਾਈ॥੧੪॥		Eikanaa Naavahu Aap Bhulaaeae Eikanaa Guramukh Dhaee Bujhaaee ||14||	Some, the Lord causes to forget and lose the Name; others become Gurmukh, and are granted this understanding. ||14||	(ਹੇ ਸੰਤ ਜਨੋ! ਜੀਵਾਂ ਦੇ ਵੱਸ ਦੀ ਗੱਲ ਨਹੀਂ) ਕਈ ਜੀਵਾਂ ਨੂੰ ਪਰਮਾਤਮਾ ਆਪ (ਹੀ) ਆਪਣੇ ਨਾਮ ਤੋਂ ਖੁੰਝਾ ਦੇਂਦਾ ਹੈ, ਤੇ ਕਈ ਜੀਵਾਂ ਨੂੰ ਗੁਰੂ ਦੀ ਸਰਨ ਪਾ ਕੇ (ਆਪਣੇ ਨਾਮ ਦੀ) ਸੂਝ ਬਖ਼ਸ਼ ਦੇਂਦਾ ਹੈ ॥੧੪॥
39108	912	ਸਦਾ ਸਦਾ ਸਾਲਾਹਿਹੁ ਸੰਤਹੁ ਤਿਸ ਦੀ ਵਡੀ ਵਡਿਆਈ॥੧੫॥	ਸਾਲਾ-ਹਿਹੁ	Sadhaa Sadhaa Saalaahihu Santhahu This Dhee Vaddee Vaddiaaee ||15||	Forever and ever, praise the Lord, O Saints; how glorious is His greatness! ||15||	ਹੇ ਸੰਤ ਜਨੋ! ਉਸ ਪਰਮਾਤਮਾ ਦੀ ਸਿਫ਼ਤ-ਸਾਲਾਹ ਸਦਾ ਕਰਦੇ ਰਿਹਾ ਕਰੋ ਸਦਾ ਕਰਦੇ ਰਿਹਾ ਕਰੋ। ਉਸ (ਪ੍ਰਭੂ) ਦਾ ਨਾਮਣਾ ਬਹੁਤ ਵੱਡਾ ਹੈ ॥੧੫॥
39109	912	ਤਿਸੁ ਬਿਨੁ ਅਵਰੁ ਨ ਕੋਈ ਰਾਜਾ ਕਰਿ ਤਪਾਵਸੁ ਬਣਤ ਬਣਾਈ॥੧੬॥		This Bin Avar N Koee Raajaa Kar Thapaavas Banath Banaaee ||16||	There is no other King except Him; He administers justice, as He has made it. ||16||	ਹੇ ਸੰਤ ਜਨੋ! ਪ੍ਰਭੂ ਤੋਂ ਬਿਨਾ (ਉਸ ਦੇ ਬਰਾਬਰ ਦਾ) ਹੋਰ ਕੋਈ ਪਾਤਿਸ਼ਾਹ ਨਹੀਂ ਹੈ। ਉਸ ਨੇ ਪੂਰਾ ਇਨਸਾਫ਼ ਕਰ ਕੇ ਸਿਫ਼ਤ-ਸਾਲਾਹ ਕਰਨ ਦੀ ਇਹ ਰੀਤ ਚਲਾਈ ਹੈ ॥੧੬॥

39110	912	ਨਿਆਉ ਤਿਸੈ ਕਾ ਹੈ ਸਦ ਸਾਚਾ ਵਿਰਲੇ ਹੁਕਮੁ ਮਨਾਈ॥੧੭॥		Niaao Thisai Kaa Hai Sadh Saachaa Viralae Hukam Manaaee ||17||	His justice is always True; how rare are those who accept His Command. ||17||	ਹੇ ਸੰਤ ਜਨੋ! ਉਸ ਪਰਮਾਤਮਾ ਦਾ ਹੀ ਇਨਸਾਫ਼ (ਕਰਨ ਵਾਲਾ ਹੁਕਮ) ਸਦਾ ਅਟੱਲ ਹੈ, ਕਿਸੇ ਵਿਰਲੇ (ਭਾਗਾਂ ਵਾਲੇ) ਨੂੰ ਉਹ ਪ੍ਰਭੂ (ਇਹ) ਹੁਕਮ ਮੰਨਣ ਲਈ ਪ੍ਰੇਰਨਾ ਕਰਦਾ ਹੈ ॥੧੭॥
39111	912	ਤਿਸ ਨੋ ਪ੍ਰਾਣੀ ਸਦਾ ਧਿਆਵਹੁ ਜਿਨਿ ਗੁਰਮੁਖਿ ਬਣਤ ਬਣਾਈ॥੧੮॥		This No Praanee Sadhaa Dhhiaavahu Jin Guramukh Banath Banaaee ||18||	O mortal, meditate forever on the Lord, who has made the Gurmukh in His making. ||18||	ਹੇ ਪ੍ਰਾਣੀਓ! ਜਿਸ ਪਰਮਾਤਮਾ ਨੇ (ਬੰਦਿਆਂ ਵਾਸਤੇ) ਗੁਰੂ ਦੇ ਸਨਮੁਖ ਰਹਿਣ ਦੀ ਮਰਯਾਦਾ ਚਲਾਈ ਹੋਈ ਹੈ, ਸਦਾ ਉਸ ਦਾ ਧਿਆਨ ਧਰਦੇ ਰਿਹਾ ਕਰੋ ॥੧੮॥
39112	912	ਸਤਿਗੁਰ ਭੇਟੈ ਸੋ ਜਨੁ ਸੀਝੈ ਜਿਸੁ ਹਿਰਦੈ ਨਾਮੁ ਵਸਾਈ॥੧੯॥		Sathigur Bhaettai So Jan Seejhai Jis Hiradhai Naam Vasaaee ||19||	That humble being who meets with the True Guru is fulfilled; the Naam abides in his heart. ||19||	ਹੇ ਸੰਤ ਜਨੋ! (ਜਿਹੜਾ ਮਨੁੱਖ) ਗੁਰੂ ਨੂੰ ਮਿਲਦਾ ਹੈ (ਭਾਵ, ਗੁਰੂ ਦੀ ਸਰਨ ਪੈਂਦਾ ਹੈ), ਜਿਸ ਮਨੁੱਖ ਦੇ ਹਿਰਦੇ ਵਿਚ (ਗੁਰੂ, ਪਰਮਾਤਮਾ ਦਾ) ਨਾਮ ਵਸਾਂਦਾ ਹੈ ਉਹ ਮਨੁੱਖ (ਜ਼ਿੰਦਗੀ ਦੀ ਖੇਡ ਵਿਚ) ਕਾਮਯਾਬ ਹੋ ਜਾਂਦਾ ਹੈ ॥੧੯॥

39113	912	ਸਚਾ ਆਪਿ ਸਦਾ ਹੈ ਸਾਚਾ ਬਾਣੀ ਸਬਦਿ ਸੁਣਾਈ॥੨੦॥		Sachaa Aap Sadhaa Hai Saachaa Baanee Sabadh Sunaaee ||20||	The True Lord is Himself forever True; He announces His Bani, the Word of His Shabad. ||20||	ਹੇ ਸੰਤ ਜਨੋ! (ਗੁਰੂ ਆਪਣੀ) ਬਾਣੀ ਦੀ ਰਾਹੀਂ (ਆਪਣੇ) ਸ਼ਬਦ ਦੀ ਰਾਹੀਂ (ਸਰਨ ਆਏ ਸਿੱਖਾਂ ਨੂੰ ਇਹ ਉਪਦੇਸ਼) ਸੁਣਾਂਦਾ ਰਹਿੰਦਾ ਹੈ ਕਿ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ ॥੨੦॥
39114	912	ਨਾਨਕ ਸੁਣਿ ਵੇਖਿ ਰਹਿਆ ਵਿਸਮਾਦੁ ਮੇਰਾ ਪ੍ਰਭੁ ਰਵਿਆ ਸ੍ਰਬ ਥਾਈ॥੨੧॥੫॥੧੪॥	ਥਾਂਈਂ	Naanak Sun Vaekh Rehiaa Visamaadh Maeraa Prabh Raviaa Srab Thhaaee ||21||5||14||	Nanak is wonderstruck, hearing and seeing His Lord; my God is all-pervading, everywhere. ||21||5||14||	ਹੇ ਨਾਨਕ! (ਹੇ ਸੰਤ ਜਨੋ!) ਪਰਮਾਤਮਾ ਅਸਚਰਜ-ਰੂਪ ਹੈ, ਮੇਰਾ ਪਰਮਾਤਮਾ ਸਭਨੀਂ ਥਾਈਂ ਮੌਜੂਦ ਹੈ (ਹਰੇਕ ਜੀਵ ਵਿਆਪਕ ਹੋ ਕੇ) ਉਹ (ਹਰੇਕ ਦੇ ਦਿਲ ਦੀ) ਸੁਣ ਰਿਹਾ ਹੈ, (ਹਰੇਕ ਦਾ ਕੰਮ) ਵੇਖ ਰਿਹਾ ਹੈ ॥੨੧॥੫॥੧੪॥
39115	912	ਰਾਮਕਲੀ ਮਹਲਾ ੫ ਅਸਟਪਦੀਆ	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Raamakalee Mehalaa 5 Asattapadheeaa	Raamkalee, Fifth Mehl, Ashtapadees:	ਰਾਗ ਰਾਮਕਲੀ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
39116	912	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
39117	912	ਕਿਨਹੀ ਕੀਆ ਪਰਵਿਰਤਿ ਪਸਾਰਾ॥	ਪਰ-ਵਿਰਤਿ	Kinehee Keeaa Paravirath Pasaaraa ||	Some make a big show of their worldly influence.	ਕਿਸੇ ਨੇ (ਨਿਰਾ) ਦੁਨੀਆਦਾਰੀ ਦਾ ਖਿਲਾਰਾ ਖਿਲਾਰਿਆ ਹੋਇਆ ਹੈ,

39118	912	ਕਿਨਹੀ ਕੀਆ ਪੂਜਾ ਬਿਸਥਾਰਾ॥		Kinehee Keeaa Poojaa Bisathhaaraa ||	Some make a big show of devotional worship.	ਕਿਸੇ ਨੇ (ਦੇਵਤਿਆਂ ਆਦਿਕ ਦੀ) ਪੂਜਾ ਦਾ ਅਡੰਬਰ ਰਚਾਇਆ ਹੋਇਆ ਹੈ।
39119	912	ਕਿਨਹੀ ਨਿਵਲ ਭੁਇਅੰਗਮ ਸਾਧੇ॥	ਭੁਇ-ਅਮਗਮ	Kinehee Nival Bhueiangam Saadhhae ||	Some practice inner cleansing teahniques, and control the breath through Kundalini Yoga.	ਕਿਸੇ ਨੇ ਨਿਉਲੀ ਕਰਮ ਅਤੇ ਕੁੰਡਲਨੀ ਨਾੜੀ ਦੇ ਸਾਧਨਾਂ ਵਿਚ ਰੁਚੀ ਰੱਖੀ ਹੋਈ ਹੈ।
39120	912	ਮੋਹਿ ਦੀਨ ਹਰਿ ਹਰਿ ਆਰਾਧੇ॥੧॥		Mohi Dheen Har Har Aaraadhhae ||1||	I am meek; I worship and adore the Lord, Har, Har. ||1||	ਪਰ ਮੈਂ ਗ਼ਰੀਬ ਪਰਮਾਤਮਾ ਦਾ ਸਿਮਰਨ ਹੀ ਕਰਦਾ ਹਾਂ ॥੧॥
39121	912	ਤੇਰਾ ਭਰੋਸਾ ਪਿਆਰੇ॥		Thaeraa Bharosaa Piaarae ||	I place my faith in You alone, O Beloved Lord.	ਹੇ ਮੇਰੇ ਪਿਆਰੇ ਪ੍ਰਭੂ! ਮੈਨੂੰ ਸਿਰਫ਼ ਤੇਰਾ ਆਸਰਾ ਹੈ।
39122	912	ਆਨ ਨ ਜਾਨਾ ਵੇਸਾ॥੧॥ਰਹਾਉ॥		Aan N Jaanaa Vaesaa ||1|| Rehaao ||	I do not know any other way. ||1||Pause||	ਮੈਂ ਕੋਈ ਹੋਰ ਭੇਖ ਕਰਨਾ ਨਹੀਂ ਜਾਣਦਾ ॥੧॥ ਰਹਾਉ ॥
39123	912	ਕਿਨਹੀ ਗ੍ਰਿਹੁ ਤਜਿ ਵਣ ਖੰਡਿ ਪਾਇਆ॥		Kinehee Grihu Thaj Van Khandd Paaeiaa ||	Some abandon their homes, and live in the forests.	ਕਿਸੇ ਨੇ ਘਰ ਛੱਡ ਕੇ ਜੰਗਲ ਦੀ ਨੁੱਕਰ ਵਿਚ ਜਾ ਡੇਰਾ ਲਾਇਆ ਹੈ,
39124	912	ਕਿਨਹੀ ਮੋਨਿ ਅਉਧੂਤੁ ਸਦਾਇਆ॥		Kinehee Mon Aoudhhooth Sadhaaeiaa ||	Some put themselves on silence, and call themselves hermits.	ਕਿਸੇ ਨੇ ਆਪਣੇ ਆਪ ਨੂੰ ਮੋਨ-ਧਾਰੀ ਤਿਆਗੀ ਸਾਧੂ ਅਖਵਾਇਆ ਹੈ।

39125	912	ਕੋਈ ਕਹਤਉ ਅਨੰਨਿ ਭਗਉਤੀ॥	ਮੈਂ ਰਾਮ ਜੀ ਦਾ(ਅ-ਨੰਨਿ)ਭਗਉਤੀ ਭਗਤ ਹਾਂ,ਅਨੰਨਿ ਰਾਮ ਜੀ ਤੋਂ ਬਿਨਾ ਹੋਰ ਪਾਸੇ ਮੂੰਹ ਨਹੀਂ ਕਰਦਾ, ਹੋਰ ਕਿਸੇ ਨੂੰ ਅੱਖ ਥੱਲੇ ਨਹੀਂ ਲਿਆਉਂਦਾ	Koee Kehatho Anann Bhagouthee ||	Some claim that they are devotees of the One Lord alone.	ਕੋਈ ਇਹ ਆਖਦਾ ਹੈ ਕਿ ਮੈਂ ਅਨੰਨ ਭਗਉਤੀ ਹਾਂ (ਹੋਰ ਆਸਰੇ ਛੱਡ ਕੇ ਸਿਰਫ਼ ਭਗਵਾਨ ਦਾ ਭਗਤ ਹਾਂ)।
39126	912	ਮੋਹਿ ਦੀਨ ਹਰਿ ਹਰਿ ਓਟ ਲੀਤੀ॥੨॥		Mohi Dheen Har Har Outt Leethee ||2||	I am meek; I seek the shelter and support of the Lord, Har, Har. ||2||	ਪਰ ਮੈਂ ਗਰੀਬ ਨੇ ਸਿਰਫ਼ ਪਰਮਾਤਮਾ ਦਾ ਆਸਰਾ ਲਿਆ ਹੈ ॥੨॥
39127	912	ਕਿਨਹੀ ਕਹਿਆ ਹਉ ਤੀਰਥ ਵਾਸੀ॥		Kinehee Kehiaa Ho Theerathh Vaasee ||	Some say that they live at sacred shrines of pilgrimage.	ਕਿਸੇ ਨੇ ਆਖਿਆ ਹੈ ਕਿ ਮੈਂ ਤੀਰਥਾਂ ਉੱਤੇ ਹੀ ਨਿਵਾਸ ਰੱਖਦਾ ਹਾਂ।
39128	912	ਕੋਈ ਅੰਨੁ ਤਜਿ ਭਇਆ ਉਦਾਸੀ॥		Koee Ann Thaj Bhaeiaa Oudhaasee ||	Some refuse food and become Udaasis, shaven-headed renunciates.	ਕੋਈ ਮਨੁੱਖ ਅੰਨ ਛੱਡ ਕੇ (ਦੁਨੀਆ ਵਲੋਂ) ਉਪਰਾਮ ਹੋਇਆ ਬੈਠਾ ਹੈ।
39129	912	ਕਿਨਹੀ ਭਵਨੁ ਸਭ ਧਰਤੀ ਕਰਿਆ॥		Kinehee Bhavan Sabh Dhharathee Kariaa ||	Some have wandered all across the earth.	ਕਿਸੇ ਨੇ ਸਾਰੀ ਧਰਤੀ ਉਤੇ ਰਟਨ ਕਰਨ ਦਾ ਆਹਰ ਫੜਿਆ ਹੋਇਆ ਹੈ।

39130	912	ਮੋਹਿ ਦੀਨ ਹਰਿ ਹਰਿ ਦਰਿ ਪਰਿਆ॥੩॥		Mohi Dheen Har Har Dhar Pariaa ||3||	I am meek; I have fallen at the door of the Lord, Har, Har. ||3||	ਪਰ ਮੈਂ ਗ਼ਰੀਬ ਸਿਰਫ਼ ਪਰਮਾਤਮਾ ਦੇ ਦਰ ਤੇ ਆ ਪਿਆ ਹਾਂ ॥੩॥
39131	912	ਕਿਨਹੀ ਕਹਿਆ ਮੈ ਕੁਲਹਿ ਵਡਿਆਈ॥		Kinehee Kehiaa Mai Kulehi Vaddiaaee ||	Some say that they belong to great and noble families.	ਕਿਸੇ ਨੇ ਆਖਿਆ ਕਿ ਮੈਂ ਉੱਚੇ ਖ਼ਾਨਦਾਨ ਦੀ ਇੱਜ਼ਤ ਵਾਲਾ ਹਾਂ,
39132	913	ਕਿਨਹੀ ਕਹਿਆ ਬਾਹ ਬਹੁ ਭਾਈ॥		Kinehee Kehiaa Baah Bahu Bhaaee ||	Some say that they have the arms of their many brothers to protect them.	ਕਿਸੇ ਨੇ ਆਖਿਆ ਹੈ ਕਿ ਮੇਰੇ ਬੜੇ ਭਰਾ ਹਨ, ਮੇਰੇ ਬੜੇ ਸਾਥੀ ਹਨ।
39133	913	ਕੋਈ ਕਹੈ ਮੈ ਧਨਹਿ ਪਸਾਰਾ॥		Koee Kehai Mai Dhhanehi Pasaaraa ||	Some say that they have great expanses of wealth.	ਕੋਈ ਆਖਦਾ ਹੈ ਮੈਂ ਬਹੁਤ ਧਨ ਕਮਾਇਆ ਹੋਇਆ ਹੈ।
39134	913	ਮੋਹਿ ਦੀਨ ਹਰਿ ਹਰਿ ਆਧਾਰਾ॥੪॥		Mohi Dheen Har Har Aadhhaaraa ||4||	I am meek; I have the support of the Lord, Har, Har. ||4||	ਪਰ ਮੈਨੂੰ ਗ਼ਰੀਬ ਨੂੰ ਸਿਰਫ਼ ਪਰਮਾਤਮਾ ਦਾ ਆਸਰਾ ਹੈ ॥੪॥
39135	913	ਕਿਨਹੀ ਘੂਘਰ ਨਿਰਤਿ ਕਰਾਈ॥		Kinehee Ghooghar Nirath Karaaee ||	Some dance, wearing ankle bells.	ਕਿਸੇ ਨੇ ਘੁੰਘਰੂ ਬੰਨ੍ਹ ਕੇ (ਦੇਵਤਿਆਂ ਅੱਗੇ) ਨਾਚ ਸ਼ੁਰੂ ਕੀਤੇ ਹੋਏ ਹਨ,
39136	913	ਕਿਨਹੂ ਵਰਤ ਨੇਮ ਮਾਲਾ ਪਾਈ॥		Kinehoo Varath Naem Maalaa Paaee ||	Some fast and take vows, and wear malas.	ਕਿਸੇ ਨੇ (ਗਲ ਵਿਚ) ਮਾਲਾ ਪਾਈ ਹੋਈ ਹੈ ਅਤੇ ਵਰਤ ਰੱਖਣ ਦੇ ਨੇਮ ਧਾਰੇ ਹੋਏ ਹਨ।

39137	913	ਕਿਨਹੀ ਤਿਲਕੁ ਗੋਪੀਚੰਦਨ ਲਾਇਆ॥		Kinehee Thilak Gopee Chandhan Laaeiaa ||	Some apply ceremonial tilak marks to their foreheads.	ਕਿਸੇ ਮਨੁੱਖ ਨੇ (ਮੱਥੇ ਉਤੇ) ਗੋਪੀ ਚੰਦਨ ਦਾ ਟਿੱਕਾ ਲਾਇਆ ਹੋਇਆ ਹੈ।
39138	913	ਮੋਹਿ ਦੀਨ ਹਰਿ ਹਰਿ ਹਰਿ ਧਿਆਇਆ॥੫॥		Mohi Dheen Har Har Har Dhhiaaeiaa ||5||	I am meek; I meditate on the Lord, Har, Har, Har. ||5||	ਪਰ ਮੈਂ ਗ਼ਰੀਬ ਤਾਂ ਸਿਰਫ਼ ਪਰਮਾਤਮਾ ਦਾ ਨਾਮ ਹੀ ਸਿਮਰਦਾ ਹਾਂ ॥੫॥
39139	913	ਕਿਨਹੀ ਸਿਧ ਬਹੁ ਚੇਟਕ ਲਾਏ॥		Kinehee Sidhh Bahu Chaettak Laaeae ||	Some work spells using the miraculous spiritual powers of the Siddhas.	ਕਿਸੇ ਮਨੁੱਖ ਨੇ ਸਿੱਧਾਂ ਵਾਲੇ ਨਾਟਕ-ਚੇਟਕ ਵਿਖਾਲਣੇ ਸ਼ੁਰੂ ਕੀਤੇ ਹੋਏ ਹਨ,
39140	913	ਕਿਨਹੀ ਭੇਖ ਬਹੁ ਥਾਟ ਬਨਾਏ॥		Kinehee Bhaekh Bahu Thhaatt Banaaeae ||	Some wear various religious robes and establish their authority.	ਕਿਸੇ ਮਨੁੱਖ ਨੇ ਸਾਧੂਆਂ ਵਾਲੇ ਕਈ ਭੇਖ ਬਣਾਏ ਹੋਏ ਹਨ,
39141	913	ਕਿਨਹੀ ਤੰਤ ਮੰਤ ਬਹੁ ਖੇਵਾ॥		Kinehee Thanth Manth Bahu Khaevaa ||	Some perform Tantric spells, and chant various mantras.	ਕਿਸੇ ਮਨੁੱਖ ਨੇ ਅਨੇਕਾਂ ਤੰਤ੍ਰਾਂ ਮੰਤ੍ਰਾਂ ਦੀ ਦੁਕਾਨ ਚਲਾਈ ਹੋਈ ਹੈ,
39142	913	ਮੋਹਿ ਦੀਨ ਹਰਿ ਹਰਿ ਹਰਿ ਸੇਵਾ॥੬॥		Mohi Dheen Har Har Har Saevaa ||6||	I am meek; I serve the Lord, Har, Har, Har. ||6||	ਪਰ ਮੈਂ ਗ਼ਰੀਬ ਸਿਰਫ਼ ਪਰਮਾਤਮਾ ਦੀ ਭਗਤੀ ਹੀ ਕਰਦਾ ਹਾਂ ॥੬॥
39143	913	ਕੋਈ ਚਤੁਰੁ ਕਹਾਵੈ ਪੰਡਿਤ॥		Koee Chathur Kehaavai Panddith ||	One calls himself a wise Pandit, a religious scholar.	ਕੋਈ ਮਨੁੱਖ (ਆਪਣੇ ਆਪ ਨੂੰ) ਸਿਆਣਾ ਪੰ ਡਿਤ ਅਖਵਾਂਦਾ ਹੈ,

39144	913	ਕੋ ਖਟੁ ਕਰਮ ਸਹਿਤ ਸਿਉ ਮੰਡਿਤ॥		Ko Khatt Karam Sehith Sio Manddith ||	One performs the six rituals to appease Shiva.	ਕੋਈ ਮਨੁੱਖ (ਆਪਣੇ ਆਪ ਨੂੰ) ਸ਼ਾਸਤ੍ਰਾਂ ਦੇ ਦੱਸੇ ਹੋਏ ਛੇ ਕਰਮਾਂ ਨਾਲ ਸਜਾਈ ਰੱਖਦਾ ਹੈ,
39145	913	ਕੋਈ ਕਰੈ ਆਚਾਰ ਸੁਕਰਣੀ॥	ਸੁ-ਕਰਣੀ	Koee Karai Aachaar Sukaranee ||	One maintains the rituals of pure lifestyle, and does good deeds.	ਕੋਈ ਮਨੁੱਖ (ਸ਼ਾਸਤ੍ਰਾਂ ਦੇ ਕਰਮ-ਕਾਂਡ ਨੂੰ) ਸ੍ਰੇਸ਼ਟ ਕਰਣੀ ਸਮਝ ਕੇ ਕਰਦਾ ਰਹਿੰਦਾ ਹੈ।
39146	913	ਮੋਹਿ ਦੀਨ ਹਰਿ ਹਰਿ ਹਰਿ ਹਰਿ ਸਰਣੀ॥੭॥		Mohi Dheen Har Har Har Saranee ||7||	I am meek; I seek the Sanctuary of the Lord, Har, Har, Har. ||7||	ਪਰ ਮੈਂ ਗ਼ਰੀਬ ਸਿਰਫ਼ ਪਰਮਾਤਮਾ ਦੀ ਸਰਨ ਪਿਆ ਰਹਿੰਦਾ ਹਾਂ ॥੭॥
39147	913	ਸਗਲੇ ਕਰਮ ਧਰਮ ਜੁਗ ਸੋਧੇ॥	ਜੁੱਗ	Sagalae Karam Dhharam Jug Sodhhae ||	I have studied the religions and rituals of all the ages.	(ਅਸਾਂ) ਸਾਰੇ ਜੁਗਾਂ ਦੇ ਸਾਰੇ ਕਰਮ ਧਰਮ ਪਰਖ ਵੇਖੇ ਹਨ,
39148	913	ਬਿਨੁ ਨਾਵੈ ਇਹੁ ਮਨੁ ਨ ਪ੍ਰਬੋਧੇ॥		Bin Naavai Eihu Man N Prabodhhae ||	Without the Name, this mind is not awakened.	ਪਰਮਾਤਮਾ ਦੇ ਨਾਮ ਤੋਂ ਬਿਨਾ (ਮਾਇਆ ਦੇ ਮੋਹ ਦੀ ਨੀਂਦ ਵਿਚ ਸੁੱਤਾ ਹੋਇਆ) ਇਹ ਮਨ ਜਾਗਦਾ ਨਹੀਂ।
39149	913	ਕਹੁ ਨਾਨਕ ਜਉ ਸਾਧਸੰਗੁ ਪਾਇਆ॥		Kahu Naanak Jo Saadhhasang Paaeiaa ||	Says Nanak, when I found the Saadh Sangat, the Company of the Holy,	ਨਾਨਕ ਆਖਦਾ ਹੈ- ਜਦੋਂ (ਕਿਸੇ ਮਨੁੱਖ ਨੇ) ਸਾਧ ਸੰਗਤ ਪ੍ਰਾਪਤ ਕਰ ਲਈ,

39150	913	ਬੂਝੀ ਤ੍ਰਿਸਨਾ ਮਹਾ ਸੀਤਲਾਇਆ॥੮॥੧॥	ਬੂਝੀ:ਪੋਲਾ ਬੋਲੋ	Boojhee Thrisanaa Mehaa Seethalaaeiaa ||8||1||	My thirsty desires were satisfied, and I was totally cooled and soothed. ||8||1||	(ਉਸ ਦੇ ਅੰਦਰੋਂ ਮਾਇਆ ਦੀ) ਤ੍ਰਿਸ਼ਨਾ ਬੁੱਝ ਗਈ, ਉਸ ਦਾ ਮਨ ਠੰਢਾ-ਠਾਰ ਹੋ ਗਿਆ ॥੮॥੧॥
39151	913	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
39152	913	ਇਸੁ ਪਾਨੀ ਤੇ ਜਿਨਿ ਤੂ ਘਰਿਆ॥		Eis Paanee Thae Jin Thoo Ghariaa ||	He created you out of this water.	ਜਿਸ ਪ੍ਰਭੂ ਨੇ ਪਿਤਾ ਦੀ ਬੂੰਦ ਤੋਂ ਤੈਨੂੰ ਬਣਾਇਆ,
39153	913	ਮਾਟੀ ਕਾ ਲੇ ਦੇਹੁਰਾ ਕਰਿਆ॥		Maattee Kaa Lae Dhaehuraa Kariaa ||	From clay, He fashioned your body.	ਤੇਰਾ ਇਹ ਮਿੱਟੀ ਦਾ ਪੁਤਲਾ ਘੜ ਦਿੱਤਾ;
39154	913	ਉਕਤਿ ਜੋਤਿ ਲੈ ਸੁਰਤਿ ਪਰੀਖਿਆ॥		Oukath Joth Lai Surath Pareekhiaa ||	He blessed you with the light of reason and clear consciousness.	ਜਿਸ ਪ੍ਰਭੂ ਨੇ ਬੁੱਧੀ, ਜਿੰਦ ਅਤੇ ਪਰਖਣ ਦੀ ਤਾਕਤ ਤੇਰੇ ਅੰਦਰ ਪਾ ਕੇ-
39155	913	ਮਾਤ ਗਰਭ ਮਹਿ ਜਿਨਿ ਤੂ ਰਾਖਿਆ॥੧॥		Maath Garabh Mehi Jin Thoo Raakhiaa ||1||	In your mother's womb, He preserved you. ||1||	ਤੈਨੂੰ ਮਾਂ ਦੇ ਪੇਟ ਵਿਚ (ਸਹੀ ਸਲਾਮਤ) ਰੱਖਿਆ (ਉਸ ਨੂੰ ਸਦਾ ਯਾਦ ਰੱਖ) ॥੧॥
39156	913	ਰਾਖਨਹਾਰੁ ਸਮ੍ਹਾਰਿ ਜਨਾ॥		Raakhanehaar Samhaar Janaa ||	Contemplate your Savior Lord.	ਸਦਾ ਰੱਖਿਆ ਕਰ ਸਕਣ ਵਾਲੇ ਪਰਮਾਤਮਾ ਨੂੰ ਯਾਦ ਕਰਿਆ ਕਰ।

39157	913	ਸਗਲੇ ਛੋਡਿ ਬੀਚਾਰ ਮਨਾ॥੧॥ਰਹਾਉ॥		Sagalae Shhodd Beechaar Manaa ||1|| Rehaao ||	Give up all others thoughts, O mind. ||1||Pause||	ਹੇ ਮੇਰੇ ਮਨ! (ਪ੍ਰਭੂ ਦੀ ਯਾਦ ਤੋਂ ਬਿਨਾ) ਹੋਰ ਸਾਰੇ ਵਿਚਾਰ (ਜਿਹੜੇ ਵਿਚਾਰ ਪ੍ਰਭੂ ਦੀ ਯਾਦ ਭੁਲਾਂਦੇ ਹਨ, ਉਹ) ਛੱਡ ਦੇਹ ॥੧॥ ਰਹਾਉ ॥
39158	913	ਜਿਨਿ ਦੀਏ ਤੁਧੁ ਬਾਪ ਮਹਤਾਰੀ॥		Jin Dheeae Thudhh Baap Mehathaaree ||	He gave you your mother and father;	ਜਿਸ ਪ੍ਰਭੂ ਨੇ ਤੈਨੂੰ ਮਾਪੇ ਦਿੱਤੇ,
39159	913	ਜਿਨਿ ਦੀਏ ਭ੍ਰਾਤ ਪੁਤ ਹਾਰੀ॥	(੨ ਪੁਤਹਾਰੀ)	Jin Dheeae Bhraath Puth Haaree ||	He gave you your charming children and siblings;	ਜਿਸ ਪ੍ਰਭੂ ਨੇ ਤੈਨੂੰ ਭਰਾ ਪੁੱਤਰ ਤੇ ਨੈਕਰ ਦਿੱਤੇ,
39160	913	ਜਿਨਿ ਦੀਏ ਤੁਧੁ ਬਨਿਤਾ ਅਰੁ ਮੀਤਾ॥	ਬਨਿ-ਤਾ	Jin Dheeae Thudhh Banithaa Ar Meethaa ||	He gave you your spouse and friends;	ਜਿਸ ਪ੍ਰਭੂ ਨੇ ਤੈਨੂੰ ਇਸਤ੍ਰੀ ਅਤੇ ਸੱਜਣ-ਮਿੱਤਰ ਦਿੱਤੇ,
39161	913	ਤਿਸੁ ਠਾਕੁਰ ਕਉ ਰਖਿ ਲੇਹੁ ਚੀਤਾ॥੨॥		This Thaakur Ko Rakh Laehu Cheethaa ||2||	Enshrine that Lord and Master in your consciousness. ||2||	ਉਸ ਮਾਲਕ-ਪ੍ਰਭੂ ਨੂੰ ਸਦਾ ਆਪਣੇ ਚਿੱਤ ਵਿਚ ਟਿਕਾਈ ਰੱਖ ॥੨॥
39162	913	ਜਿਨਿ ਦੀਆ ਤੁਧੁ ਪਵਨੁ ਅਮੋਲਾ॥		Jin Dheeaa Thudhh Pavan Amolaa ||	He gave you the invaluable air;	ਜਿਸ ਪ੍ਰਭੂ ਨੇ ਤੈਨੂੰ ਕਿਸੇ ਭੀ ਮੁੱਲ ਤੋਂ ਨਾਹ ਮਿਲ ਸਕਣ ਵਾਲੀ ਹਵਾ ਦਿੱਤੀ,
39163	913	ਜਿਨਿ ਦੀਆ ਤੁਧੁ ਨੀਰੁ ਨਿਰਮੋਲਾ॥		Jin Dheeaa Thudhh Neer Niramolaa ||	He gave you the priceless water;	ਜਿਸ ਪ੍ਰਭੂ ਨੇ ਤੈਨੂੰ ਨਿਰਮੋਲਕ ਪਾਣੀ ਦਿੱਤਾ,
39164	913	ਜਿਨਿ ਦੀਆ ਤੁਧੁ ਪਾਵਕੁ ਬਲਨਾ॥		Jin Dheeaa Thudhh Paavak Balanaa ||	He gave you burning fire;	ਜਿਸ ਪ੍ਰਭੂ ਨੇ ਤੈਨੂੰ ਅੱਗ ਦਿੱਤੀ, ਬਾਲਣ ਦਿੱਤਾ,

39165	913	ਤਿਸੁ ਠਾਕੁਰ ਕੀ ਰਹੁ ਮਨ ਸਰਨਾ॥੩॥		This Thaakur Kee Rahu Man Saranaa ||3||	Let your mind remain in the Sanctuary of that Lord and Master. ||3||	ਹੇ ਮਨ! ਤੂੰ ਉਸ ਮਾਲਕ-ਪ੍ਰਭੂ ਦੀ ਸਰਨ ਪਿਆ ਰਹੁ ॥੩॥
39166	913	ਛਤੀਹ ਅੰਮ੍ਰਿਤ ਜਿਨਿ ਭੋਜਨ ਦੀਏ॥	ਛੱਤੀਹ	Shhatheeh Anmrith Jin Bhojan Dheeeae ||	He gave you the thirty-six varieties of tasty foods;	ਜਿਸ ਪਰਮਾਤਮਾ ਨੇ ਤੈਨੂੰ ਅਨੇਕਾਂ ਕਿਸਮਾਂ ਦੇ ਸੁਆਦਲੇ ਖਾਣੇ ਦਿੱਤੇ,
39167	913	ਅੰਤਰਿ ਥਾਨ ਠਹਰਾਵਨ ਕਉ ਕੀਏ॥		Anthar Thhaan Theharaavan Ko Keeeae ||	He gave you a place within to hold them;	ਇਹਨਾਂ ਖਾਣਿਆਂ ਨੂੰ ਹਜ਼ਮ ਕਰਨ ਲਈ ਤੇਰੇ ਅੰਦਰ ਮਿਹਦਾ ਆਦਿਕ ਅੰਗ ਬਣਾਏ,
39168	913	ਬਸੁਧਾ ਦੀਓ ਬਰਤਨਿ ਬਲਨਾ॥		Basudhhaa Dheeou Barathan Balanaa ||	He gave you the earth, and things to use;	ਤੈਨੂੰ ਧਰਤੀ ਦਿੱਤੀ, ਤੈਨੂੰ ਹੋਰ ਵਰਤਣ-ਵਲੇਵਾ ਦਿੱਤਾ,
39169	913	ਤਿਸੁ ਠਾਕੁਰ ਕੇ ਚਿਤਿ ਰਖੁ ਚਰਨਾ ॥੪॥		This Thaakur Kae Chith Rakh Charanaa ||4||	Enshrine in your consciousness the feet of that Lord and Master. ||4||	ਉਸ ਮਾਲਕ-ਪ੍ਰਭੂ ਦੇ ਚਰਨ ਆਪਣੇ ਚਿੱਤ ਵਿੱਚ ਪ੍ਰੋ ਰੱਖ ॥੪॥
39170	913	ਪੇਖਨ ਕਉ ਨੇਤ੍ਰ ਸੁਨਨ ਕਉ ਕਰਨਾ॥		Paekhan Ko Naethr Sunan Ko Karanaa ||	He gave you eyes to see, and ears to hear;	(ਹੇ ਮੇਰੇ ਮਨ! ਜਿਸ ਨੇ) ਤੈਨੂੰ (ਦੁਨੀਆ ਦੇ ਰੰਗ-ਤਮਾਸ਼ੇ) ਵੇਖਣ ਵਾਸਤੇ ਅੱਖਾਂ ਦਿੱਤੀਆਂ ਹਨ ਅਤੇ ਸੁਣਨ ਵਾਸਤੇ ਕੰਨ ਦਿੱਤੇ ਹਨ,

39171	913	ਹਸਤ ਕਮਾਵਨ ਬਾਸਨ ਰਸਨਾ॥	(ਹਸਤ)ਹੱਥ। (ਕਮਾਵਨ)ਕਮਾਈ ਕਰਨ। (ਬਾਸਨ) ਨਾਸਾਂ ਵਾਸ਼ਨਾ ਲੈਣ। (ਰਸਨਾ)ਰਸ ਲੈਣ ਲਈ ਬਖ਼ਸ਼ੇ ਹਨ	Hasath Kamaavan Baasan Rasanaa ||	He gave you hands to work with, and a nose and a tongue;	ਜਿਸ ਨੇ ਕਾਰ ਕਰਨ ਲਈ ਤੈਨੂੰ ਹੱਥ ਦਿੱਤੇ ਹਨ, ਅਤੇ ਨੱਕ ਤੇ ਜੀਭ ਦਿੱਤੀ ਹੈ,
39172	913	ਚਰਨ ਚਲਨ ਕਉ ਸਿਰੁ ਕੀਨੋ ਮੇਰਾ॥		Charan Chalan Ko Sir Keeno Maeraa ||	He gave you feet to walk upon, and the crowning glory of your head;	ਜਿਸ ਨੇ ਤੁਰਨ ਲਈ ਤੈਨੂੰ ਪੈਰ ਦਿੱਤੇ ਹਨ ਅਤੇ ਸਿਰ (ਸਾਰੇ ਅੰਗਾਂ ਵਿਚੋਂ) ਸ਼ਿਰੋਮਣੀ ਬਣਾਇਆ ਹੈ
39173	913	ਮਨ ਤਿਸੁ ਠਾਕੁਰ ਕੇ ਪੂਜਹੁ ਪੈਰਾ॥੫॥		Man This Thaakur Kae Poojahu Pairaa ||5||	O mind, worship the Feet of that Lord and Master. ||5||	ਉਸ ਮਾਲਕ-ਪ੍ਰਭੂ ਦੇ ਪੈਰ ਸਦਾ ਪੂਜਦਾ ਰਹੁ (ਨਿਮ੍ਰਤਾ ਧਾਰਨ ਕਰ ਕੇ ਉਸ ਪ੍ਰਭੂ ਦਾ ਸਿਮਰਨ ਕਰਦਾ ਰਹੁ ॥੫॥
39174	913	ਅਪਵਿਤ੍ਰ ਪਵਿਤ੍ਰੁ ਜਿਨਿ ਤੂ ਕਰਿਆ॥		Apavithr Pavithra Jin Thoo Kariaa ||	He transformed you from impure to pure;	(ਉਸ ਪਰਮਾਤਮਾ ਨੂੰ ਸਿਮਰਿਆ ਕਰ) ਜਿਸ ਨੇ ਗੰਦ ਤੋਂ ਤੈਨੂੰ ਪਵਿੱਤਰ ਬਣਾ ਦਿੱਤਾ,
39175	913	ਸਗਲ ਜੋਨਿ ਮਹਿ ਤੂ ਸਿਰਿ ਧਰਿਆ॥		Sagal Jon Mehi Thoo Sir Dhhariaa ||	He installed you above the heads of all creatures;	ਜਿਸ ਨੇ ਤੈਨੂੰ ਸਾਰੀਆਂ ਜੂਨੀਆਂ ਉਤੇ ਸਰਦਾਰ ਬਣਾ ਦਿੱਤਾ।
39176	913	ਅਬ ਤੂ ਸੀਝੁ ਭਾਵੈ ਨਹੀ ਸੀਝੈ॥		Ab Thoo Seejh Bhaavai Nehee Seejhai ||	Now, you may fulfill your destiny or not;	ਤੇਰੀ ਮਰਜ਼ੀ ਹੈ ਹੁਣ ਤੂੰ (ਉਸ ਦਾ ਸਿਮਰਨ ਕਰ ਕੇ ਜ਼ਿੰਦਗੀ ਵਿਚ) ਕਾਮਯਾਬ ਹੋ ਚਾਹੇ ਨਾਹ ਹੋ।

39177	913	ਕਾਰਜੁ ਸਵਰੈ ਮਨ ਪ੍ਰਭੁ ਧਿਆਈਜੈ॥੬॥		Kaaraj Savarai Man Prabh Dhhiaaeejai ||6||	Your affairs shall be resolved, O mind, meditating on God. ||6||	ਪਰ ਹੇ ਮਨ! ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ, (ਸਿਮਰਨ ਕੀਤੀਆਂ ਹੀ ਮਨੁੱਖਾ ਜੀਵਨ ਦਾ) ਮਨੋਰਥ ਸਫਲ ਹੁੰਦਾ ਹੈ ॥੬॥
39178	913	ਈਹਾ ਊਹਾ ਏਕੈ ਓਹੀ॥		Eehaa Oohaa Eaekai Ouhee ||	Here and there, only the One God exists.	ਇਸ ਲੋਕ ਵਿਚ ਤੇ ਪਰਲੋਕ ਵਿਚ ਇਕ ਉਹ ਪਰਮਾਤਮਾ ਹੀ (ਸਹਾਈ) ਹੈ,
39179	913	ਜਤ ਕਤ ਦੇਖੀਐ ਤਤ ਤਤ ਤੋਹੀ॥		Jath Kath Dhaekheeai Thath Thath Thohee ||	Wherever I look, there You are.	ਜਿੱਥੇ ਕਿੱਥੇ ਝਾਤੀ ਮਾਰੀ ਜਾਏ ਉਥੇ ਉਥੇ (ਪਰਮਾਤਮਾ ਹੀ) ਤੇਰੇ ਨਾਲ ਹੈ।
39180	913	ਤਿਸੁ ਸੇਵਤ ਮਨਿ ਆਲਸੁ ਕਰੈ॥		This Saevath Man Aalas Karai ||	My mind is reluctant to serve Him;	(ਪਰ ਵੇਖੋ ਮਨੁੱਖ ਦੀ ਮੰਦ-ਭਾਗਤਾ!) ਉਸ ਪਰਮਾਤਮਾ ਨੂੰ ਸਿਮਰਦਿਆਂ (ਮਨੁੱਖ) ਮਨ ਵਿਚ ਆਲਸ ਕਰਦਾ ਹੈ,
39181	913	ਜਿਸੁ ਵਿਸਰਿਐ ਇਕ ਨਿਮਖ ਨ ਸਰੈ॥੭॥		Jis Visariai Eik Nimakh N Sarai ||7||	Forgetting Him, I cannot survive, even for an instant. ||7||	ਜਿਸ ਨੂੰ ਵਿਸਾਰਿਆਂ ਇਕ ਪਲ-ਭਰ ਸਮਾ ਭੀ ਸੌਖਾ ਨਹੀਂ ਲੰਘ ਸਕਦਾ ॥੭॥
39182	913	ਹਮ ਅਪਰਾਧੀ ਨਿਰਗੁਨੀਆਰੇ॥		Ham Aparaadhhee Niraguneeaarae ||	I am a sinner, without any virtue at all.	(ਮਾਇਆ ਦੇ ਮੋਹ ਵਿਚ ਫਸ ਕੇ) ਅਸੀਂ ਸੰਸਾਰੀ ਜੀਵ ਪਾਪੀ ਬਣ ਜਾਂਦੇ ਹਾਂ, ਗੁਣ-ਹੀਣ ਹੋ ਜਾਂਦੇ ਹਾਂ,
39183	913	ਨਾ ਕਿਛੁ ਸੇਵਾ ਨਾ ਕਰਮਾਰੇ॥	(ਕਰਮਾਰੇ)ਚੰਗੇ ਕਰਮ	Naa Kishh Saevaa Naa Karamaarae ||	I do not serve You, or do any good deeds.	ਅਸੀਂ ਨਾਹ ਕੋਈ ਸੇਵਾ-ਭਗਤੀ ਕਰਦੇ ਹਾਂ, ਨਾਹ ਹੀ ਸਾਡੇ ਕੰਮ ਚੰਗੇ ਹੁੰਦੇ ਹਨ।

39184	913	ਗੁਰੁ ਬੋਹਿਥੁ ਵਡਭਾਗੀ ਮਿਲਿਆ॥		Gur Bohithh Vaddabhaagee Miliaa ||	By great good fortune, I have found the boat - the Guru.	(ਜਿਨ੍ਹਾਂ ਮਨੁੱਖਾਂ ਨੂੰ ਵੱਡੇ ਭਾਗਾਂ ਨਾਲ ਗੁਰੂ-ਜਹਾਜ਼ ਮਿਲ ਪਿਆ,
39185	913	ਨਾਨਕ ਦਾਸ ਸੰਗਿ ਪਾਥਰ ਤਰਿਆ॥੮॥੨॥		Naanak Dhaas Sang Paathhar Thariaa ||8||2||	Slave Nanak has crossed over, with Him. ||8||2||	ਹੇ ਦਾਸ ਨਾਨਕ! (ਉਸ ਜਹਾਜ਼ ਦੀ ਸੰਗਤ ਵਿਚ ਉਹ) ਪੱਥਰ-ਦਿਲ ਮਨੁੱਖ ਭੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ ॥੮॥੨॥
39186	913	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
39187	913	ਕਾਹੂ ਬਿਹਾਵੈ ਰੰਗ ਰਸ ਰੂਪ॥		Kaahoo Bihaavai Rang Ras Roop ||	Some pass their lives enjoying pleasures and beauty.	(ਭਾਵੇਂ ਪਰਮਾਤਮਾ ਹੀ ਹਰੇਕ ਜੀਵ ਦਾ ਮਾਲਕ ਹੈ ਫਿਰ ਭੀ) ਕਿਸੇ ਮਨੁੱਖ ਦੀ ਉਮਰ ਦੁਨੀਆ ਦੇ ਰੰਗ-ਤਮਾਸ਼ਿਆਂ, ਦੁਨੀਆ ਦੇ ਸੋਹਣੇ ਰੂਪਾਂ ਅਤੇ ਪਦਾਰਥਾਂ ਦੇ ਰਸਾਂ-ਸੁਆਦਾਂ ਵਿਚ ਬੀਤ ਰਹੀ ਹੈ;
39188	914	ਕਾਹੂ ਬਿਹਾਵੈ ਮਾਇ ਬਾਪ ਪੂਤ॥		Kaahoo Bihaavai Maae Baap Pooth ||	Some pass their lives with their mothers, fathers and children.	ਕਿਸੇ ਦੀ ਉਮਰ ਮਾਂ ਪਿਉ ਪੁੱਤਰ ਆਦਿਕ ਪਰਵਾਰ ਦੇ ਮੋਹ ਵਿਚ ਗੁਜ਼ਰ ਰਹੀ ਹੈ;
39189	914	ਕਾਹੂ ਬਿਹਾਵੈ ਰਾਜ ਮਿਲਖ ਵਾਪਾਰਾ॥		Kaahoo Bihaavai Raaj Milakh Vaapaaraa ||	Some pass their lives in power, estates and trade.	ਕਿਸੇ ਮਨੁੱਖ ਦੀ ਉਮਰ ਰਾਜ ਮਾਣਨ, ਭੁਇਂ ਦੀ ਮਾਲਕੀ, ਵਪਾਰ ਆਦਿਕ ਕਰਨ ਵਿਚ ਲੰਘ ਰਹੀ ਹੈ।

39190	914	ਸੰਤ ਬਿਹਾਵੈ ਹਰਿ ਨਾਮ ਅਧਾਰਾ ॥੧॥		Santh Bihaavai Har Naam Adhhaaraa ||1||	The Saints pass their lives with the support of the Lord's Name. ||1||	(ਸਿਰਫ਼) ਸੰਤ ਦੀ ਉਮਰ ਪਰਮਾਤਮਾ ਦੇ ਨਾਮ ਦੇ ਆਸਰੇ ਬੀਤਦੀ ਗੁਜ਼ਰਦੀ ਹੈ ॥੧॥
39191	914	ਰਚਨਾ ਸਾਚੁ ਬਨੀ॥		Rachanaa Saach Banee ||	The world is the creation of the True Lord.	ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ। ਇਹ ਸਾਰੀ ਸ੍ਰਿਸ਼ਟੀ ਉਸੇ ਦੀ ਪੈਦਾ ਕੀਤੀ ਹੋਈ ਹੈ।
39192	914	ਸਭ ਕਾ ਏਕੁ ਧਨੀ॥੧॥ਰਹਾਉ॥		Sabh Kaa Eaek Dhhanee ||1|| Rehaao ||	He alone is the Master of all. ||1||Pause||	ਇਕ ਉਹੀ ਹਰੇਕ ਜੀਵ ਦਾ ਮਾਲਕ ਹੈ ॥੧॥ ਰਹਾਉ ॥
39193	914	ਕਾਹੂ ਬਿਹਾਵੈ ਬੇਦ ਅਰੁ ਬਾਦਿ॥		Kaahoo Bihaavai Baedh Ar Baadh ||	Some pass their lives in arguments and debates about scriptures.	ਕਿਸੇ ਮਨੁੱਖ ਦੀ ਉਮਰ ਵੇਦ ਆਦਿਕ ਧਰਮ-ਪੁਸਤਕ ਪੜ੍ਹਨ ਅਤੇ (ਧਾਰਮਿਕ) ਚਰਚਾ ਵਿਚ ਗੁਜ਼ਰ ਰਹੀ ਹੈ;
39194	914	ਕਾਹੂ ਬਿਹਾਵੈ ਰਸਨਾ ਸਾਦਿ॥		Kaahoo Bihaavai Rasanaa Saadh ||	Some pass their lives tasting flavors.	ਕਿਸੇ ਮਨੁੱਖ ਦੀ ਜ਼ਿੰਦਗੀ ਜੀਭ ਦੇ ਸੁਆਦ ਵਿਚ ਬੀਤ ਰਹੀ ਹੈ;
39195	914	ਕਾਹੂ ਬਿਹਾਵੈ ਲਪਟਿ ਸੰਗਿ ਨਾਰੀ॥		Kaahoo Bihaavai Lapatt Sang Naaree ||	Some pass their lives attached to women.	ਕਿਸੇ ਦੀ ਉਮਰ ਇਸਤ੍ਰੀ ਨਾਲ ਕਾਮ-ਪੂਰਤੀ ਵਿਚ ਲੰਘਦੀ ਜਾਂਦੀ ਹੈ।
39196	914	ਸੰਤ ਰਚੇ ਕੇਵਲ ਨਾਮ ਮੁਰਾਰੀ॥੨॥		Santh Rachae Kaeval Naam Muraaree ||2||	The Saints are absorbed only in the Name of the Lord. ||2||	ਸੰਤ ਹੀ ਸਿਰਫ਼ ਪਰਮਾਤਮਾ ਦੇ ਨਾਮ ਵਿਚ ਮਸਤ ਰਹਿੰ ਦੇ ਹਨ ॥੨॥

39197	914	ਕਾਹੂ ਬਿਹਾਵੈ ਖੇਲਤ ਜੂਆ॥		Kaahoo Bihaavai Khaelath Jooaa ||	Some pass their lives gambling.	ਕਿਸੇ ਮਨੁੱਖ ਦੀ ਉਮਰ ਜੂਆ ਖੇਡਦਿਆਂ ਲੰਘ ਜਾਂਦੀ ਹੈ;
39198	914	ਕਾਹੂ ਬਿਹਾਵੈ ਅਮਲੀ ਹੂਆ॥		Kaahoo Bihaavai Amalee Hooaa ||	Some pass their lives getting drunk.	ਕੋਈ ਮਨੁੱਖ ਅਫ਼ੀਮ ਆਦਿਕ ਨਸ਼ੇ ਦਾ ਆਦੀ ਹੋ ਜਾਂਦਾ ਹੈ ਉਸ ਦੀ ਉਮਰ ਨਸ਼ਿਆਂ ਵਿਚ ਹੀ ਗੁਜ਼ਰਦੀ ਹੈ;
39199	914	ਕਾਹੂ ਬਿਹਾਵੈ ਪਰ ਦਰਬ ਚੋਰਾਏ॥		Kaahoo Bihaavai Par Dharab Chuoraaeae ||	Some pass their lives stealing the property of others.	ਕਿਸੇ ਦੀ ਉਮਰ ਪਰਾਇਆ ਧਨ ਚੁਰਾਂਦਿਆਂ ਬੀਤਦੀ ਹੈ;
39200	914	ਹਰਿ ਜਨ ਬਿਹਾਵੈ ਨਾਮ ਧਿਆਏ॥੩॥		Har Jan Bihaavai Naam Dhhiaaeae ||3||	The humble servants of the Lord pass their lives meditating on the Naam. ||3||	ਪਰ ਪ੍ਰਭੂ ਦੇ ਭਗਤਾਂ ਦੀ ਉਮਰ ਪ੍ਰਭੂ ਦਾ ਨਾਮ ਸਿਮਰਦਿਆਂ ਗੁਜ਼ਰਦੀ ਹੈ ॥੩॥
39201	914	ਕਾਹੂ ਬਿਹਾਵੈ ਜੋਗ ਤਪ ਪੂਜਾ॥		Kaahoo Bihaavai Jog Thap Poojaa ||	Some pass their lives in Yoga, strict meditation, worship and adoration.	ਕਿਸੇ ਮਨੁੱਖ ਦੀ ਉਮਰ ਜੋਗ-ਸਾਧਨ ਕਰਦਿਆਂ, ਕਿਸੇ ਦੀ ਧੂਣੀਆਂ ਤਪਾਂਦਿਆਂ, ਕਿਸੇ ਦੀ ਦੇਵ-ਪੂਜਾ ਕਰਦਿਆਂ ਗੁਜ਼ਰਦੀ ਹੈ;
39202	914	ਕਾਹੂ ਰੋਗ ਸੋਗ ਭਰਮੀਜਾ॥		Kaahoo Rog Sog Bharameejaa ||	Some, in sickness, sorrow and doubt.	ਕਿਸੇ ਬੰਦੇ ਦੀ ਉਮਰ ਰੋਗਾਂ ਵਿਚ, ਗ਼ਮਾਂ ਵਿਚ, ਅਨੇਕਾਂ ਭਟਕਣਾਂ ਵਿਚ ਬੀਤਦੀ ਹੈ;
39203	914	ਕਾਹੂ ਪਵਨਧਾਰ ਜਾਤ ਬਿਹਾਏ॥	(ਪਵਨਧਾਰ)ਸੁਆਸ ਚੜ੍ਹਾਉਂਦਿਆਂ	Kaahoo Pavan Dhhaar Jaath Bihaaeae ||	Some pass their lives practicing control of the breath.	ਕਿਸੇ ਮਨੁੱਖ ਦੀ ਸਾਰੀ ਉਮਰ ਪ੍ਰਾਣਾਯਾਮ ਕਰਦਿਆਂ ਲੰਘ ਜਾਂਦੀ ਹੈ;
39204	914	ਸੰਤ ਬਿਹਾਵੈ ਕੀਰਤਨੁ ਗਾਏ॥੪॥		Santh Bihaavai Keerathan Gaaeae ||4||	The Saints pass their lives singing the Kirtan of the Lord's Praises. ||4||	ਪਰ ਸੰਤ ਦੀ ਉਮਰ ਗੁਜ਼ਰਦੀ ਹੈ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਿਆਂ ॥੪॥

39205	914	ਕਾਹੂ ਬਿਹਾਵੈ ਦਿਨੁ ਰੈਨਿ ਚਾਲਤ॥		Kaahoo Bihaavai Dhin Rain Chaalath ||	Some pass their lives walking day and night.	ਕਿਸੇ ਦੀ ਉਮਰ ਬੀਤਦੀ ਹੈ ਦਿਨੇ ਰਾਤ ਤੁਰਦਿਆਂ;
39206	914	ਕਾਹੂ ਬਿਹਾਵੈ ਸੋ ਪਿੜੁ ਮਾਲਤ॥		Kaahoo Bihaavai So Pirr Maalath ||	Some pass their lives on the fields of battle.	ਪਰ ਕਿਸੇ ਦੀ ਲੰਘਦੀ ਹੈ ਇਕੋ ਥਾਂ ਮੱਲ ਕੇ ਬੈਠੇ ਰਿਹਾਂ;
39207	914	ਕਾਹੂ ਬਿਹਾਵੈ ਬਾਲ ਪੜਾਵਤ॥		Kaahoo Bihaavai Baal Parraavath ||	Some pass their lives teaching children.	ਕਿਸੇ ਮਨੁੱਖ ਦੀ ਉਮਰ ਮੁੰ ਡੇ ਪੜ੍ਹਾਉਂਦਿਆਂ ਲੰਘ ਜਾਂਦੀ ਹੈ;
39208	914	ਸੰਤ ਬਿਹਾਵੈ ਹਰਿ ਜਸੁ ਗਾਵਤ॥੫॥		Santh Bihaavai Har Jas Gaavath ||5||	The Saints pass their lives singing the Lord's Praise. ||5||	ਸੰਤ ਦੀ ਉਮਰ ਬੀਤਦੀ ਹੈ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦਿਆਂ ॥੫॥
39209	914	ਕਾਹੂ ਬਿਹਾਵੈ ਨਟ ਨਾਟਿਕ ਨਿਰਤੇ॥		Kaahoo Bihaavai Natt Naattik Nirathae ||	Some pass their lives as actors, acting and dancing.	ਕਿਸੇ ਮਨੁੱਖ ਦੀ ਜ਼ਿੰਦਗੀ ਨਟਾਂ ਵਾਲੇ ਨਾਟਕ ਅਤੇ ਨਾਚ ਕਰਦਿਆਂ ਗੁਜ਼ਰਦੀ ਹੈ;
39210	914	ਕਾਹੂ ਬਿਹਾਵੈ ਜੀਆਇਹ ਹਿਰਤੇ॥	(ਜੀਆਇ-ਹ)ਜੀਵਾਂ ਦੇ ਅਉਗਣਾਂ ਨੂੰ ਦੇਖਦੇ, ਹਿਰਤੇਮਾਰਦੇ	Kaahoo Bihaavai Jeeaaeih Hirathae ||	Some pass their lives taking the lives of others.	ਕਿਸੇ ਮਨੁੱਖ ਦੀ ਇਹ ਉਮਰ ਡਾਕੇ ਮਾਰਦਿਆਂ ਲੰਘ ਜਾਂਦੀ ਹੈ;
39211	914	ਕਾਹੂ ਬਿਹਾਵੈ ਰਾਜ ਮਹਿ ਡਰਤੇ॥		Kaahoo Bihaavai Raaj Mehi Ddarathae ||	Some pass their lives ruling by intimidation.	ਕਿਸੇ ਮਨੁੱਖ ਦੀ ਜ਼ਿੰਦਗੀ ਰਾਜ-ਦਰਬਾਰ ਵਿਚ (ਰਹਿ ਕੇ) ਥਰ-ਥਰ ਕੰਬਦਿਆਂ ਹੀ ਗੁਜ਼ਰਦੀ ਹੈ;
39212	914	ਸੰਤ ਬਿਹਾਵੈ ਹਰਿ ਜਸੁ ਕਰਤੇ॥੬॥		Santh Bihaavai Har Jas Karathae ||6||	The Saints pass their lives chanting the Lord's Praises. ||6||	ਸੰਤ ਦੀ ਉਮਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਿਆਂ ਲੰਘਦੀ ਹੈ ॥੬॥

39213	914	ਕਾਹੂ ਬਿਹਾਵੈ ਮਤਾ ਮਸੂਰਤਿ॥	(ਮਤਾ)ਥੋੜ੍ਹਿਆਂ ਦੀ ਰਾਇ। (ਮਸੂਰਤਿ)ਬਹੁਤਿਆਂ ਦੀ ਰਾਇ	Kaahoo Bihaavai Mathaa Masoorath ||	Some pass their lives counseling and giving advice.	(ਦੁਨੀਆ ਦੀਆਂ ਔਖਿਆਈਆਂ ਦੇ ਕਾਰਨ) ਕਿਸੇ ਦੀ ਉਮਰ ਗਿਣਤੀਆਂ ਗਿਣਦਿਆਂ ਲੰਘ ਜਾਂਦੀ ਹੈ;
39214	914	ਕਾਹੂ ਬਿਹਾਵੈ ਸੇਵਾ ਜਰੂਰਤਿ॥		Kaahoo Bihaavai Saevaa Jaroorath ||	Some pass their lives forced to serve others.	(ਜ਼ਿੰਦਗੀ ਦੀਆਂ) ਲੋੜਾਂ ਪੂਰੀਆਂ ਕਰਨ ਲਈ ਕਿਸੇ ਦੀ ਜ਼ਿੰਦਗੀ ਨੌਕਰੀ ਕਰਦਿਆਂ ਗੁਜ਼ਰ ਜਾਂਦੀ ਹੈ;
39215	914	ਕਾਹੂ ਬਿਹਾਵੈ ਸੋਧਤ ਜੀਵਤ॥		Kaahoo Bihaavai Sodhhath Jeevath ||	Some pass their lives exploring life's mysteries.	ਕਿਸੇ ਮਨੁੱਖ ਦੀ ਸਾਰੀ ਉਮਰ ਖੋਜ-ਭਾਲ ਕਰਦਿਆਂ ਬੀਤਦੀ ਹੈ;
39216	914	ਸੰਤ ਬਿਹਾਵੈ ਹਰਿ ਰਸੁ ਪੀਵਤ॥੭॥		Santh Bihaavai Har Ras Peevath ||7||	The Saints pass their lives drinking in the sublime essence of the Lord. ||7||	ਸੰਤ ਦੀ ਉਮਰ ਬੀਤਦੀ ਹੈ ਪਰਮਾਤਮਾ ਦਾ ਨਾਮ-ਅੰ ਮ੍ਰਿਤ ਪੀਂਦਿਆਂ ॥੭॥
39217	914	ਜਿਤੁ ਕੋ ਲਾਇਆ ਤਿਤ ਹੀ ਲਗਾਨਾ॥	ਲੱਗਾਨਾ	Jith Ko Laaeiaa Thith Hee Lagaanaa ||	As the Lord attaches us, so we are attached.	ਜਿਸ ਕੰਮ ਵਿਚ ਪਰਮਾਤਮਾ ਨੇ ਕਿਸੇ ਨੂੰ ਲਾਇਆ ਹੈ ਉਸੇ ਵਿਚ ਹੀ ਉਹ ਲੱਗਾ ਹੋਇਆ ਹੈ।
39218	914	ਨਾ ਕੋ ਮੂੜੁ ਨਹੀ ਕੋ ਸਿਆਨਾ॥		Naa Ko Moorr Nehee Ko Siaanaa ||	No one is foolish, and no one is wise.	ਨਾਹ ਕੋਈ ਜੀਵ ਮੂਰਖ ਹੈ, ਨਾਹ ਕੋਈ ਸਿਆਣਾ ਹੈ।
39219	914	ਕਰਿ ਕਿਰਪਾ ਜਿਸੁ ਦੇਵੈ ਨਾਉ॥		Kar Kirapaa Jis Dhaevai Naao ||	Nanak is a sacrifice, a sacrifice to those who are blessed	ਪ੍ਰਭੂ ਮਿਹਰ ਕਰ ਕੇ ਜਿਸ ਮਨੁੱਖ ਨੂੰ ਆਪਣਾ ਨਾਮ ਬਖ਼ਸ਼ਦਾ ਹੈ,
39220	914	ਨਾਨਕ ਤਾ ਕੈ ਬਲਿ ਬਲਿ ਜਾਉ॥੮॥੩॥		Naanak Thaa Kai Bal Bal Jaao ||8||3||	By His Grace to receive His Name. ||8||3||	ਹੇ ਨਾਨਕ! ਮੈਂ ਉਸ ਤੋਂ ਸਦਕੇ ਜਾਂਦਾ ਹਾਂ ਕੁਰਬਾਨ ਜਾਂਦਾ ਹਾਂ ॥੮॥੩॥

39221	914	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
39222	914	ਦਾਵਾ ਅਗਨਿ ਰਹੇ ਹਰਿ ਬੂਟ॥		Dhaavaa Agan Rehae Har Boott ||	Even in a forest fire, some trees remain green.	ਜੰਗਲ ਦੀ ਅੱਗ ਹਰੇ ਬੂਟੇ ਵਿਚ ਟਿਕੀ ਰਹਿੰਦੀ ਹੈ (ਉਸ ਨੂੰ ਨਹੀਂ ਸਾੜਦੀ। ਬਾਕੀ ਜੰਗਲ ਨੂੰ ਸਾੜਦੀ ਹੈ);
39223	914	ਮਾਤ ਗਰਭ ਸੰਕਟ ਤੇ ਛੂਟ॥		Maath Garabh Sankatt Thae Shhoott ||	The infant is released from the pain of the mother's womb.	ਬੱਚਾ ਮਾਂ ਦੇ ਪੇਟ ਦੇ ਦੁੱਖਾਂ ਤੋਂ ਬਚਿਆ ਰਹਿੰਦਾ ਹੈ।
39224	914	ਜਾ ਕਾ ਨਾਮੁ ਸਿਮਰਤ ਭਉ ਜਾਇ॥		Jaa Kaa Naam Simarath Bho Jaae ||	Meditating in remembrance on the Naam, the Name of the Lord, fear is dispelled.	ਉਹ ਪ੍ਰਭੂ ਪਾਤਿਸ਼ਾਹ ਜਿਸ ਦਾ ਨਾਮ ਸਿਮਰਿਆਂ ਹਰੇਕ ਕਿਸਮ ਦਾ ਡਰ ਦੂਰ ਹੋ ਜਾਂਦਾ ਹੈ,
39225	914	ਤੈਸੇ ਸੰਤ ਜਨਾ ਰਾਖੈ ਹਰਿ ਰਾਇ॥੧॥		Thaisae Santh Janaa Raakhai Har Raae ||1||	Just so, the Sovereign Lord protects and saves the Saints. ||1||	ਆਪਣੇ ਸੰਤ ਜਨਾਂ ਦੀ ਇਸੇ ਤਰ੍ਹਾਂ ਰੱਖਿਆ ਕਰਦਾ ਹੈ ॥੧॥
39226	914	ਐਸੇ ਰਾਖਨਹਾਰ ਦਇਆਲ॥		Aisae Raakhanehaar Dhaeiaal ||	Such is the Merciful Lord, my Protector.	ਹੇ ਸਭ ਦੀ ਰੱਖਿਆ ਕਰਨ ਦੇ ਸਮਰੱਥ ਪ੍ਰਭੂ! ਤੂੰ ਬੜਾ ਹੀ ਦਇਆ ਦਾ ਘਰ ਹੈਂ।
39227	914	ਜਤ ਕਤ ਦੇਖਉ ਤੁਮ ਪ੍ਰਤਿਪਾਲ॥੧॥ਰਹਾਉ ॥		Jath Kath Dhaekho Thum Prathipaal ||1|| Rehaao ||	Wherever I look, I see You cherishing and nurturing. ||1||Pause||	ਮੈਂ ਜਿੱਧਰ ਵੇਖਦਾ ਹਾਂ, ਤੂੰ ਹੀ ਸਭ ਦੀ ਪਾਲਣਾ ਕਰਦਾ ਹੈਂ ॥੧॥ ਰਹਾਉ ॥

39228	914	ਜਲੁ ਪੀਵਤ ਜਿਉ ਤਿਖਾ ਮਿਟੰਤ॥		Jal Peevath Jio Thikhaa Mittanth ||	As thirst is quenched by drinking water;	ਜਿਵੇਂ ਪਾਣੀ ਪੀਤਿਆਂ ਤ੍ਰੇਹ ਮਿਟ ਜਾਂਦੀ ਹੈ,
39229	914	ਧਨ ਬਿਗਸੈ ਗ੍ਰਿਹਿ ਆਵਤ ਕੰਤ॥		Dhhan Bigasai Grihi Aavath Kanth ||	As the bride blossoms forth when her husband comes home;	ਜਿਵੇਂ ਪਤੀ ਘਰ ਆਇਆਂ ਇਸਤ੍ਰੀ ਖ਼ੁਸ਼ ਹੋ ਜਾਂਦੀ ਹੈ,
39230	914	ਲੋਭੀ ਕਾ ਧਨੁ ਪ੍ਰਾਣ ਅਧਾਰੁ॥		Lobhee Kaa Dhhan Praan Adhhaar ||	As wealth is the support of the greedy person	ਜਿਵੇਂ ਧਨ-ਪਦਾਰਥ ਲੋਭੀ ਮਨੁੱਖ ਦੀ ਜ਼ਿੰਦਗੀ ਦਾ ਸਹਾਰਾ ਬਣਿਆ ਰਹਿੰਦਾ ਹੈ,
39231	914	ਤਿਉ ਹਰਿ ਜਨ ਹਰਿ ਹਰਿ ਨਾਮ ਪਿਆਰੁ॥੨॥		Thio Har Jan Har Har Naam Piaar ||2||	- just so, the humble servant of the Lord loves the Name of the Lord, Har, Har. ||2||	ਤਿਵੇਂ ਪ੍ਰਭੂ ਦੇ ਭਗਤਾਂ ਦਾ ਪ੍ਰਭੂ ਦੇ ਨਾਮ ਨਾਲ ਪਿਆਰ ਹੁੰਦਾ ਹੈ ॥੨॥
39232	914	ਕਿਰਸਾਨੀ ਜਿਉ ਰਾਖੈ ਰਖਵਾਲਾ॥		Kirasaanee Jio Raakhai Rakhavaalaa ||	As the farmer protects his fields;	ਜਿਵੇਂ ਰਾਖਾ ਖੇਤੀ ਦੀ ਰਾਖੀ ਕਰਦਾ ਹੈ,
39233	914	ਮਾਤ ਪਿਤਾ ਦਇਆ ਜਿਉ ਬਾਲਾ॥		Maath Pithaa Dhaeiaa Jio Baalaa ||	As the mother and father show compassion to their child;	ਜਿਵੇਂ ਮਾਪੇ ਆਪਣੇ ਬੱਚੇ ਨਾਲ ਪਿਆਰ ਕਰਦੇ ਹਨ,
39234	914	ਪ੍ਰੀਤਮੁ ਦੇਖਿ ਪ੍ਰੀਤਮੁ ਮਿਲਿ ਜਾਇ॥		Preetham Dhaekh Preetham Mil Jaae ||	As the lover merges on seeing the beloved;	ਜਿਵੇਂ ਕੋਈ ਮਿੱਤਰ ਆਪਣੇ ਮਿੱਤਰ ਨੂੰ ਵੇਖ ਕੇ (ਉਸ ਨੂੰ) ਮਿਲ ਕੇ ਜਾਂਦਾ ਹੈ,

39235	914	ਤਿਉ ਹਰਿ ਜਨ ਰਾਖੈ ਕੰਠਿ ਲਾਇ॥੩॥		Thio Har Jan Raakhai Kanth Laae ||3||	Just so does the Lord hug His humble servant close in His Embrace. ||3||	ਤਿਵੇਂ ਪਰਮਾਤਮਾ ਆਪਣੇ ਭਗਤਾਂ ਨੂੰ ਆਪਣੇ ਗਲ ਨਾਲ ਲਾ ਰੱਖਦਾ ਹੈ ॥੩॥
39236	914	ਜਿਉ ਅੰਧੁਲੇ ਪੇਖਤ ਹੋਇ ਅਨੰਦ॥		Jio Andhhulae Paekhath Hoe Anandh ||	As the blind man is in ecstasy, when he can see again;	ਜਿਵੇਂ ਜੇ ਕਿਸੇ ਅੰ ੇ ੂੰ ਵੇਖ ਸਕਣ ਦੀ ਸ਼ਕਤੀ ਮਿਲ ਜਾਏ ਤਾਂ ਉਹ ਖ਼ੁਸ਼ ਹੁੰਦਾ ਹੈ,
39237	914	ਗੂੰਗਾ ਬਕਤ ਗਾਵੈ ਬਹੁ ਛੰਦ॥		Goongaa Bakath Gaavai Bahu Shhandh ||	And the mute, when he is able to speak and sing songs;	ਜੇ ਗੂੰਗਾ ਬੋਲਣ ਲੱਗ ਪਏ (ਤਾਂ ਉਹ ਖ਼ੁਸ਼ ਹੁੰਦਾ ਹੈ, ਤੇ) ਕਈ ਗੀਤ ਗਾਣ ਲੱਗ ਪੈਂਦਾ ਹੈ,
39238	914	ਪਿੰਗੁਲ ਪਰਬਤ ਪਰਤੇ ਪਾਰਿ॥		Pingul Parabath Parathae Paar ||	And the cripple, being able to climb over the mountain	ਕੋਈ ਲੂਲ੍ਹਾ ਪਹਾੜਾਂ ਤੋਂ ਪਾਰ ਲੰਘ ਸਕਣ ਨਾਲ ਖ਼ੁਸ਼ ਹੁੰਦਾ ਹੈ,
39239	914	ਹਰਿ ਕੈ ਨਾਮਿ ਸਗਲ ਉਧਾਰਿ॥੪॥		Har Kai Naam Sagal Oudhhaar ||4||	- just so, the Name of the Lord saves all. ||4||	ਇਸੇ ਤਰ੍ਹਾਂ ਪਰਮਾਤਮਾ ਦੇ ਨਾਮ ਦੀ ਬਰਕਤਿ ਨਾਲ (ਜਿਹੜੀ) ਲੋਕਾਈ ਦਾ ਨਿਸਤਾਰਾ ਹੁੰਦਾ ਹੈ (ਉਹ ਬਹੁਤ ਪ੍ਰਸੰਨ ਹੁੰਦੀ ਹੈ) ॥੪॥
39240	914	ਜਿਉ ਪਾਵਕ ਸੰਗਿ ਸੀਤ ਕੋ ਨਾਸ॥		Jio Paavak Sang Seeth Ko Naas ||	As cold is dispelled by fire,	ਜਿਵੇਂ ਅੱਗ ਨਾਲ ਠੰਢ ਦਾ ਨਾਸ ਹੋ ਜਾਂਦਾ ਹੈ,
39241	914	ਐਸੇ ਪ੍ਰਾਛਤ ਸੰਤਸੰਗਿ ਬਿਨਾਸ॥		Aisae Praashhath Santhasang Binaas ||	Sins are driven out in the Society of the Saints.	ਤਿਵੇਂ ਸੰਤਾਂ ਦੀ ਸੰਗਤ ਕੀਤਿਆਂ ਪਾਪਾਂ ਦਾ ਨਾਸ ਹੋ ਜਾਂਦਾ ਹੈ।

39242	914	ਜਿਉ ਸਾਬੁਨਿ ਕਾਪਰ ਊਜਲ ਹੋਤ॥		Jio Saabun Kaapar Oojal Hoth ||	As cloth is cleaned by soap,	ਜਿਵੇਂ ਸਾਬਣ ਨਾਲ ਕੱਪੜੇ ਸਾਫ਼-ਸੁਥਰੇ ਹੋ ਜਾਂਦੇ ਹਨ,
39243	914	ਨਾਮ ਜਪਤ ਸਭੁ ਭ੍ਰਮੁ ਭਉ ਖੋਤ॥੫॥		Naam Japath Sabh Bhram Bho Khoth ||5||	Just so, by chanting the Naam, all doubts and fears are dispelled. ||5||	ਤਿਵੇਂ ਪਰਮਾਤਮਾ ਦਾ ਨਾਮ ਜਪਦਿਆਂ ਹਰੇਕ ਵਹਿਮ ਹਰੇਕ ਡਰ ਦੂਰ ਹੋ ਜਾਂਦਾ ਹੈ ॥੫॥
39244	914	ਜਿਉ ਚਕਵੀ ਸੂਰਜ ਕੀ ਆਸ॥		Jio Chakavee Sooraj Kee Aas ||	As the chakvi bird longs for the sun,	ਜਿਵੇਂ ਚਕਵੀ (ਚਕਵੇ ਨੂੰ ਮਿਲਣ ਵਾਸਤੇ) ਸੂਰਜ (ਦੇ ਚੜ੍ਹਨ) ਦੀ ਉਡੀਕ ਕਰਦੀ ਰਹਿੰਦੀ ਹੈ,
39245	914	ਜਿਉ ਚਾਤ੍ਰਿਕ ਬੂੰਦ ਕੀ ਪਿਆਸ॥		Jio Chaathrik Boondh Kee Piaas ||	As the rainbird thirsts for the rain drop,	ਜਿਵੇਂ (ਪਿਆਸ ਬੁਝਾਣ ਲਈ) ਪਪੀਹੇ ਨੂੰ ਵਰਖਾ ਦੀਆਂ ਬੂੰਦਾਂ ਦੀ ਲਾਲਸਾ ਹੁੰਦੀ ਹੈ,
39246	914	ਜਿਉ ਕੁਰੰਕ ਨਾਦ ਕਰਨ ਸਮਾਨੇ॥		Jio Kurank Naadh Karan Samaanae ||	As the deer's ears are attuned to the sound of the bell,	ਜਿਵੇਂ ਹਰਨ ਦੇ ਕੰਨ ਘੰ ਡੇਹੇੜੇ ਦੀ ਆਵਾਜ਼ ਵਿਚ ਮਸਤ ਰਹਿੰਦੇ ਹਨ,
39247	914	ਤਿਉ ਹਰਿ ਨਾਮ ਹਰਿ ਜਨ ਮਨਹਿ ਸੁਖਾਨੇ॥੬॥		Thio Har Naam Har Jan Manehi Sukhaanae ||6||	The Lord's Name is pleasing to the mind of the Lord's humble servant. ||6||	ਤਿਵੇਂ ਸੰਤ ਜਨਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ ਪਿਆਰਾ ਲੱਗਦਾ ਹੈ ॥੬॥
39248	915	ਤੁਮਰੀ ਕ੍ਰਿਪਾ ਤੇ ਲਾਗੀ ਪ੍ਰੀਤਿ॥		Thumaree Kirapaa Thae Laagee Preeth ||	By Your Grace, we love You.	ਹੇ ਪ੍ਰਭੂ! ਤੇਰੀ ਮਿਹਰ ਨਾਲ ਹੀ (ਤੇਰੇ ਚਰਨਾਂ ਵਿਚ ਕਿਸੇ ਭਾਗਾਂ ਵਾਲੇ ਦੀ) ਪ੍ਰੀਤ ਬਣਦੀ ਹੈ।

39249	915	ਦਇਆਲ ਭਏ ਤਾ ਆਏ ਚੀਤਿ ॥		Dhaeiaal Bheae Thaa Aaeae Cheeth ||	When You show Mercy, then You come into our minds.	(ਜਿਸ ਮਨੁੱਖ ਉੱਤੇ ਜਦੋਂ ਪ੍ਰਭੂ ਜੀ) ਦਇਆਵਨ ਹੁੰਦੇ ਹਨ ਤਦੋਂ ਉਸਦੇ ਹਿਰਦੇ ਵਿਚ ਆ ਵੱਸਦੇ ਹਨ।
39250	915	ਦਇਆ ਧਾਰੀ ਤਿਨਿ ਧਾਰਣਹਾਰ॥		Dhaeiaa Dhhaaree Thin Dhhaaranehaar ||	When the Support of the earth granted His Grace,	ਦਇਆ ਕਰਨ ਜੋਗੇ ਉਸ (ਪ੍ਰਭੂ) ਨੇ (ਜਿਸ ਬੰਦੇ ਉਤੇ) ਦਇਆ ਕੀਤੀ,
39251	915	ਬੰਧਨ ਤੇ ਹੋਈ ਛੁਟਕਾਰ॥੭॥		Bandhhan Thae Hoee Shhuttakaar ||7||	Then I was released from my bonds. ||7||	(ਉਸ ਬੰਦੇ ਨੂੰ ਮਾਇਆ ਦੇ ਮੋਹ ਦੇ) ਬੰਧਨਾਂ ਤੋਂ ਸਦਾ ਲਈ ਖ਼ਲਾਸੀ ਮਿਲ ਗਈ ॥੭॥
39252	915	ਸਭਿ ਥਾਨ ਦੇਖੇ ਨੈਣ ਅਲੋਇ॥		Sabh Thhaan Dhaekhae Nain Aloe ||	I have seen all places with my eyes wide open.	ਉਹ ਮਨੁੱਖ ਅੱਖਾਂ ਖੋਹਲ ਕੇ ਸਾਰੇ ਥਾਂ ਵੇਖਦਾ ਹੈ,
39253	915	ਤਿਸੁ ਬਿਨੁ ਦੂਜਾ ਅਵਰੁ ਨ ਕੋਇ॥		This Bin Dhoojaa Avar N Koe ||	There is no other than Him.	ਉਸ ਨੂੰ (ਕਿਤੇ ਭੀ) ਉਸ ਪਰਮਾਤਮਾ ਤੋਂ ਬਿਨਾ ਕੋਈ ਹੋਰ ਦੂਜਾ ਨਹੀਂ ਦਿੱਸਦਾ।
39254	915	ਭ੍ਰਮ ਭੈ ਛੂਟੇ ਗੁਰ ਪਰਸਾਦ॥		Bhram Bhai Shhoottae Gur Parasaadh ||	Doubt and fear are dispelled, by Guru's Grace.	ਗੁਰੂ ਦੀ ਕਿਰਪਾ ਨਾਲ (ਜਿਸ ਮਨੁੱਖ ਦੇ) ਸਾਰੇ ਵਹਿਮ ਸਾਰੇ ਡਰ ਮੁੱਕ ਜਾਂਦੇ ਹਨ,
39255	915	ਨਾਨਕ ਪੇਖਿਓ ਸਭੁ ਬਿਸਮਾਦ॥੮॥੪॥		Naanak Paekhiou Sabh Bisamaadh ||8||4||	Nanak sees the wondrous Lord everywhere. ||8||4||	ਹੇ ਨਾਨਕ! ਉਹ ਹਰ ਥਾਂ ਉਸ ਅਸਚਰਜ-ਰੂਪ ਪਰਮਾਤਮਾ ਨੂੰ ਹੀ ਵੇਖਦਾ ਹੈ ॥੮॥੪॥
39256	915	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	

39257	915	ਜੀਅ ਜੰਤ ਸਭਿ ਪੇਖੀਅਹਿ ਪ੍ਰਭ ਸਗਲ ਤੁਮਾਰੀ ਧਾਰਨਾ॥੧॥		Jeea Janth Sabh Paekheeahi Prabh Sagal Thumaaree Dhhaaranaa ||1||	All beings and creatures that are seen, God, depend on Your Support. ||1||	ਹੇ ਪ੍ਰਭੂ! ਇਹ ਸਾਰੇ ਜੀਵ ਜੰਤ ਜੋ ਦਿੱਸ ਰਹੇ ਹਨ, ਇਹ ਸਾਰੇ ਤੇਰੇ ਹੀ ਆਸਰੇ ਹਨ ॥੧॥
39258	915	ਇਹੁ ਮਨੁ ਹਰਿ ਕੈ ਨਾਮਿ ਉਧਾਰਨਾ॥੧॥ਰਹਾਉ ॥		Eihu Man Har Kai Naam Oudhhaaranaa ||1|| Rehaao ||	This mind is saved through the Name of the Lord. ||1||Pause||	(ਕਾਮ ਕ੍ਰੋਧ ਲੋਭ ਝੂਠ ਨਿੰਦਾ ਆਦਿਕ ਤੋਂ) ਇਸ ਮਨ ਨੂੰ ਪਰਮਾਤਮਾ ਦੇ ਨਾਮ ਦੀ ਰਾਹੀਂ ਹੀ ਬਚਾਇਆ ਜਾ ਸਕਦਾ ਹੈ ॥੧॥ ਰਹਾਉ ॥
39259	915	ਖਿਨ ਮਹਿ ਥਾਪਿ ਉਥਾਪੇ ਕੁਦਰਤਿ ਸਭਿ ਕਰਤੇ ਕੇ ਕਾਰਨਾ॥੨॥		Khin Mehi Thhaap Outhhaapae Kudharath Sabh Karathae Kae Kaaranaa ||2||	In an instant, He establishes and disestablishes, by His Creative Power. All is the Creation of the Creator. ||2||	ਪਰਮਾਤਮਾ ਇਸ ਰਚਨਾ ਨੂੰ ਇਕ ਖਿਨ ਵਿਚ ਪੈਦਾ ਕਰ ਕੇ ਫਿਰ ਨਾਸ ਭੀ ਕਰ ਸਕਦਾ ਹੈ। ਇਹ ਸਾਰੇ ਕਰਤਾਰ ਦੇ ਹੀ ਖੇਲ ਹਨ ॥੨॥
39260	915	ਕਾਮੁ ਕ੍ਰੋਧੁ ਲੋਭੁ ਝੂਠੁ ਨਿੰਦਾ ਸਾਧੂਸੰਗਿ ਬਿਦਾਰਨਾ॥੩॥		Kaam Krodhh Lobh Jhooth Nindhaa Saadhhoo Sang Bidhaaranaa ||3||	Sexual desire, anger, greed, falsehood and slander are banished in the Saadh Sangat, the Company of the Holy. ||3||	ਕਾਮ ਕ੍ਰੋਧ ਲੋਭ ਝੂਠ ਨਿੰਦਾ ਆਦਿਕ ਵਿਕਾਰ ਨੂੰ ਗੁਰੂ ਦੀ ਸੰਗਤ ਵਿਚ ਰਹਿ ਕੇ (ਆਪਣੇ ਮਨ ਵਿਚੋਂ ਚੀਰ ਫਾੜ ਕੇ) ਦੂਰ ਕਰ ਸਕੀਦਾ ਹੈ ॥੩॥

39261	915	ਨਾਮੁ ਜਪਤ ਮਨੁ ਨਿਰਮਲ ਹੋਵੈ ਸੂਖੇ ਸੂਖਿ ਗੁਦਾਰਨਾ॥੪॥		Naam Japath Man Niramal Hovai Sookhae Sookh Gudhaaranaa ||4||	Chanting the Naam, the Name of the Lord, the mind becomes immaculate, and life is passed in absolute peace. ||4||	ਪਰਮਾਤਮਾ ਦਾ ਨਾਮ ਜਪਦਿਆਂ (ਮਨੁੱਖ ਦਾ) ਮਨ ਪਵਿੱਤਰ ਹੋ ਜਾਂਦਾ ਹੈ। (ਮਨੁੱਖ ਦੀ ਉਮਰ) ਨਿਰੋਲ ਆਤਮਕ ਆਨੰਦ ਵਿਚ ਹੀ ਬੀਤਦੀ ਹੈ ॥੪॥
39262	915	ਭਗਤ ਸਰਣਿ ਜੋ ਆਵੈ ਪ੍ਰਾਣੀ ਤਿਸੁ ਈਹਾ ਊਹਾ ਨ ਹਾਰਨਾ॥੫॥		Bhagath Saran Jo Aavai Praanee This Eehaa Oohaa N Haaranaa ||5||	That mortal who enters the Sanctuary of the devotees, does not lose out, here or hereafter. ||5||	ਜਿਹੜਾ ਮਨੁੱਖ ਪਰਮਾਤਮਾ ਦੀ ਬੰਦਗੀ ਕਰਨ ਵਾਲੇ ਬੰਦਿਆਂ ਦੀ ਸਰਨ ਆਉਂਦਾ ਹੈ, ਉਹ ਮਨੁੱਖ ਇਸ ਲੋਕ ਵਿਚ ਤੇ ਪਰਲੋਕ ਵਿਚ ਭੀ (ਵਿਕਾਰਾਂ ਦੇ ਹੱਥੋਂ ਆਪਣੀ ਮਨੁੱਖਾ ਜੀਵਨ ਦੀ ਬਾਜ਼ੀ) ਹਾਰਦਾ ਨਹੀਂ ॥੫॥
39263	915	ਸੂਖ ਦੂਖ ਇਸੁ ਮਨ ਕੀ ਬਿਰਥਾ ਤੁਮ ਹੀ ਆਗੈ ਸਾਰਨਾ॥੬॥		Sookh Dhookh Eis Man Kee Birathhaa Thum Hee Aagai Saaranaa ||6||	Pleasure and pain, and the condition of this mind, I place before You, Lord. ||6||	ਇਸ ਮਨ ਦੀ ਸੁਖਾਂ ਦੀ ਮੰਗ ਅਤੇ ਦੁੱਖਾਂ ਵਲੋਂ ਪੁਕਾਰ ਤੇਰੇ ਅੱਗੇ ਹੀ ਕੀਤੀ ਜਾ ਸਕਦੀ ਹੈ ॥੬॥
39264	915	ਤੂ ਦਾਤਾ ਸਭਨਾ ਜੀਆ ਕਾ ਆਪਨ ਕੀਆ ਪਾਲਨਾ॥੭॥		Thoo Dhaathaa Sabhanaa Jeeaa Kaa Aapan Keeaa Paalanaa ||7||	You are the Giver of all beings; You cherish what You have made. ||7||	ਹੇ ਪ੍ਰਭੂ! ਤੂੰ ਸਾਰੇ ਜੀਵਾਂ ਨੂੰ ਹੀ ਦਾਤਾਂ ਦੇਣ ਵਾਲਾ ਹੈਂ, ਆਪਣੇ ਪੈਦਾ ਕੀਤੇ ਜੀਵਾਂ ਨੂੰ ਤੂੰ ਆਪ ਹੀ ਪਾਲਣ ਵਾਲਾ ਹੈਂ ॥੭॥

39265	915	ਅਨਿਕ ਬਾਰ ਕੋਟਿ ਜਨ ਊਪਰਿ ਨਾਨਕੁ ਵੰਞੈ ਵਾਰਨਾ॥੮॥੫॥		Anik Baar Kott Jan Oopar Naanak Vannjai Vaaranaa ||8||5||	So many millions of times, Nanak is a sacrifice to Your humble servants. ||8||5||	ਹੇ ਪ੍ਰਭੂ! (ਤੇਰਾ ਦਾਸ) ਨਾਨਕ ਤੇਰੇ ਭਗਤਾਂ (ਦੇ ਚਰਨਾਂ) ਤੋਂ ਅਨੇਕਾਂ ਵਾਰੀ ਕ੍ਰੋੜਾਂ ਵਾਰੀ ਸਦਕੇ ਜਾਂਦਾ ਹੈ ॥੮॥੫॥
39266	915	ਰਾਮਕਲੀ ਮਹਲਾ ੫ ਅਸਟਪਦੀ	ਅਸਟਪਦੀਆਂ ਸ ਪੈਰ ਬਿੰਦੀ ਨ ਲਾਉ	Raamakalee Mehalaa 5 Asattapadhee	Raamkalee, Fifth Mehl, Ashtapadee:	ਰਾਗ ਰਾਮਕਲੀ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
39267	915	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
39268	915	ਦਰਸਨੁ ਭੇਟਤ ਪਾਪ ਸਭਿ ਨਾਸਹਿ ਹਰਿ ਸਿਉ ਦੇਇ ਮਿਲਾਈ॥੧॥		Dharasan Bhaettath Paap Sabh Naasehi Har Sio Dhaee Milaaee ||1||	Receiving the Blessed Vision of His Darshan, all sins are erased, and He unites me with the Lord. ||1||	ਗੁਰੂ ਦਾ ਦਰਸ਼ਨ ਪ੍ਰਾਪਤ ਹੁੰਦਿਆਂ ਸਾਰੇ ਪਾਪ ਨਾਸ ਹੋ ਜਾਂਦੇ ਹਨ, (ਗੁਰੂ ਮਨੁੱਖ ਨੂੰ) ਪਰਮਾਤਮਾ ਨਾਲ ਜੋੜ ਦੇਂਦਾ ਹੈ ॥੧॥
39269	915	ਮੇਰਾ ਗੁਰੁ ਪਰਮੇਸਰੁ ਸੁਖਦਾਈ॥		Maeraa Gur Paramaesar Sukhadhaaee ||	My Guru is the Transcendent Lord, the Giver of peace.	ਮੇਰਾ ਗੁਰੂ ਪਰਮੇਸ਼ਰ (ਦਾ ਰੂਪ) ਹੈ, ਸਾਰੇ ਸੁਖ ਦੇਣ ਵਾਲਾ ਹੈ।

39270	915	ਪਾਰਬ੍ਰਹਮ ਕਾ ਨਾਮੁ ਦ੍ਰਿੜਾਏ ਅੰਤੇ ਹੋਇ ਸਖਾਈ॥੧॥ਰਹਾਉ॥		Paarabreham Kaa Naam Dhrirraaeae Anthae Hoe Sakhaaee ||1|| Rehaao ||	He implants the Naam, the Name of the Supreme Lord God within us; in the end, He is our help and support. ||1||Pause||	ਗੁਰੂ ਪਰਮਾਤਮਾ ਦਾ ਨਾਮ (ਮਨੁੱਖ ਦੇ ਹਿਰਦੇ ਵਿਚ) ਪੱਕਾ ਕਰ ਦੇਂਦਾ ਹੈ (ਤੇ ਇਸ ਤਰ੍ਹਾਂ) ਅਖ਼ੀਰ ਵੇਲੇ ਭੀ (ਮਨੁੱਖ ਦਾ) ਮਿੱਤਰ ਬਣਦਾ ਹੈ ॥੧॥ ਰਹਾਉ ॥
39271	915	ਸਗਲ ਦੂਖ ਕਾ ਡੇਰਾ ਭੰਨਾ ਸੰਤ ਧੂਰਿ ਮੁਖਿ ਲਾਈ॥੨॥		Sagal Dhookh Kaa Ddaeraa Bhannaa Santh Dhhoor Mukh Laaee ||2||	The source of all pain within is destroyed; I apply the dust of the feet of the Saints to my forehead. ||2||	(ਜਿਹੜਾ ਮਨੁੱਖ) ਗੁਰੂ ਦੇ ਚਰਨਾਂ ਦੀ ਧੂੜ (ਆਪਣੇ) ਮੱਥੇ ਉਤੇ ਲਾਂਦਾ ਹੈ (ਉਸ ਦੇ ਅੰਦਰੋਂ) ਸਾਰੇ ਦੁੱਖਾਂ ਦਾ ਅੱਡਾ ਹੀ ਮੁੱਕ ਜਾਂਦਾ ਹੈ ॥੨॥
39272	915	ਪਤਿਤ ਪੁਨੀਤ ਕੀਏ ਖਿਨ ਭੀਤਰਿ ਅਗਿਆਨੁ ਅੰਧੇਰੁ ਵੰਞਾਈ॥੩॥		Pathith Puneeth Keeeae Khin Bheethar Agiaan Andhhaer Vannjaaee ||3||	In an instant, He purifies the sinners, and dispels the darkness of ignorance. ||3||	(ਗੁਰੂ ਨੇ) ਅਨੇਕਾਂ ਵਿਕਾਰੀਆਂ ਨੂੰ ਇਕ ਖਿਨ ਵਿਚ ਪਵਿੱਤਰ ਕਰ ਦਿੱਤਾ, (ਗੁਰੂ ਮਨੁੱਖ ਦੇ ਅੰਦਰੋਂ) ਆਤਮਕ ਜੀਵਨ ਵਲੋਂ ਬੇ-ਸਮਝੀ (ਦਾ) ਹਨੇਰਾ ਦੂਰ ਕਰ ਦੇਂਦਾ ਹੈ ॥੩॥
39273	915	ਕਰਣ ਕਾਰਣ ਸਮਰਥੁ ਸੁਆਮੀ ਨਾਨਕ ਤਿਸੁ ਸਰਣਾਈ॥੪॥		Karan Kaaran Samarathh Suaamee Naanak This Saranaaee ||4||	The Lord is all-powerful, the Cause of causes. Nanak seeks His Sanctuary. ||4||	ਹੇ ਨਾਨਕ! ਮਾਲਕ-ਪ੍ਰਭੂ ਸਾਰੇ ਜਗਤ ਦਾ ਮੂਲ ਹੈ ਤੇ ਸਭ ਤਾਕਤਾਂ ਦਾ ਮਾਲਕ ਹੈ (ਗੁਰੂ ਦੀ ਰਾਹੀਂ ਹੀ) ਉਸ ਦੀ ਸਰਨ ਪਿਆ ਜਾ ਸਕਦਾ ਹੈ ॥੪॥

39274	915	ਬੰਧਨ ਤੋੜਿ ਚਰਨਕਮਲ ਦ੍ਰਿੜਾਏ ਏਕ ਸਬਦਿ ਲਿਵ ਲਾਈ ॥੫॥		Bandhhan Thorr Charan Kamal Dhrirraaeae Eaek Sabadh Liv Laaee ||5||	Shattering the bonds, the Guru implants the Lord's lotus feet within, and lovingly attunes us to the One Word of the Shabad. ||5||	(ਗੁਰੂ ਮਨੁੱਖ ਦੇ ਮਾਇਆ ਦੇ) ਬੰਧਨ ਤੋੜ ਕੇ (ਉਸ ਦੇ ਅੰਦਰ) ਪ੍ਰਭੂ ਦੇ ਸੋਹਣੇ ਚਰਨ ਪੱਕੇ ਟਿਕਾ ਦੇਂਦਾ ਹੈ, (ਗੁਰੂ ਦੀ ਕਿਰਪਾ ਨਾਲ ਉਹ ਮਨੁੱਖ) ਗੁਰ-ਸ਼ਬਦ ਦੀ ਰਾਹੀਂ ਇਕ ਪ੍ਰਭੂ ਵਿਚ ਹੀ ਸੁਰਤ ਜੋੜੀ ਰੱਖਦਾ ਹੈ ॥੫॥
39275	915	ਅੰਧ ਕੂਪ ਬਿਖਿਆ ਤੇ ਕਾਢਿਓ ਸਾਚ ਸਬਦਿ ਬਣਿ ਆਈ॥੬॥		Andhh Koop Bikhiaa Thae Kaadtiou Saach Sabadh Ban Aaee ||6||	He has lifted me up, and pulled me out of the deep, dark pit of sin; I am attuned to the True Shabad. ||6||	(ਗੁਰੂ ਜਿਸ ਮਨੁੱਖ ਨੂੰ) ਮਾਇਆ (ਦੇ ਮੋਹ) ਦੇ ਅੰ ਨ੍ਹੇ ਖੂਹ ਵਿਚੋਂ ਕੱਢ ਲੈਂਦਾ ਹੈ, ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਵਿਚ ਉਸ ਦੀ ਪ੍ਰੀਤ ਬਣ ਜਾਂਦੀ ਹੈ ॥੬॥
39276	915	ਜਨਮ ਮਰਣ ਕਾ ਸਹਸਾ ਚੂਕਾ ਬਾਹੁੜਿ ਕਤਹੁ ਨ ਧਾਈ॥੭॥		Janam Maran Kaa Sehasaa Chookaa Baahurr Kathahu N Dhhaaee ||7||	The fear of birth and death is taken away; I shall never wander again. ||7||	(ਗੁਰੂ ਦੀ ਕਿਰਪਾ ਨਾਲ ਉਸ ਮਨੁੱਖ ਦਾ) ਜਨਮ ਮਰਨ ਦੇ ਗੇੜ ਦਾ ਸਹਿਮ ਮੁੱਕ ਜਾਂਦਾ ਹੈ, ਉਹ ਫਿਰ ਹੋਰ ਕਿਤੇ (ਕਿਸੇ ਜੂਨ ਵਿਚ) ਨਹੀਂ ਭਟਕਦਾ ਫਿਰਦਾ ॥੭॥
39277	915	ਨਾਮ ਰਸਾਇਣਿ ਇਹੁ ਮਨੁ ਰਾਤਾ ਅੰਮ੍ਰਿਤੁ ਪੀ ਤ੍ਰਿਪਤਾਈ॥੮॥		Naam Rasaaein Eihu Man Raathaa Anmrith Pee Thripathaaee ||8||	This mind is imbued with the sublime elixir of the Naam; drinking in the Ambrosial Nectar, it is satisfied. ||8||	(ਗੁਰੂ ਦੀ ਮਿਹਰ ਨਾਲ ਜਿਸ ਮਨੁੱਖ ਦਾ) ਇਹ ਮਨ ਸਭ ਰਸਾਂ ਤੋਂ ਸ੍ਰੇਸ਼ਟ ਨਾਮ-ਰਸ ਵਿਚ ਰੰਗਿਆ ਜਾਂਦਾ ਹੈ, ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀ ਕੇ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦਾ ਹੈ ॥੮॥

39278	915	ਸੰਤਸੰਗਿ ਮਿਲਿ ਕੀਰਤਨੁ ਗਾਇਆ ਨਿਹਚਲ ਵਸਿਆ ਜਾਈ॥੯॥		Santhasang Mil Keerathan Gaaeiaa Nihachal Vasiaa Jaaee ||9||	Joining the Society of the Saints, I sing the Kirtan of the Lord's Praises; I dwell in the eternal, unchanging place. ||9||	ਗੁਰੂ-ਸੰਤ ਦੀ ਸੰਗਤ ਵਿਚ ਮਿਲ ਕੇ ਜਿਸ ਮਨੁੱਖ ਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਣਾ ਸ਼ੁਰੂ ਕਰ ਦਿੱਤਾ, ਉਹ ਕਦੇ ਨਾਹ ਡੋਲਣ ਵਾਲੇ ਆਤਮਕ ਟਿਕਾਣੇ ਵਿਚ ਟਿਕ ਜਾਂਦਾ ਹੈ ॥੯॥
39279	915	ਪੂਰੈ ਗੁਰਿ ਪੂਰੀ ਮਤਿ ਦੀਨੀ ਹਰਿ ਬਿਨੁ ਆਨ ਨ ਭਾਈ॥੧੦॥		Poorai Gur Pooree Math Dheenee Har Bin Aan N Bhaaee ||10||	The Perfect Guru has given me the perfect teachings; there is nothing except the Lord, O Siblings of Destiny. ||10||	(ਜਿਸ ਮਨੁੱਖ ਨੂੰ) ਪੂਰੇ ਗੁਰੂ ਨੇ (ਆਤਮਕ ਜੀਵਨ ਬਾਰੇ) ਪੂਰੀ ਸਮਝ ਬਖ਼ਸ਼ ਦਿੱਤੀ, ਉਸ ਨੂੰ ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਹੋਰ (ਦੁਨੀਆਵੀ ਚੀਜ਼) ਪਿਆਰੀ ਨਹੀਂ ਲੱਗਦੀ ॥੧੦॥
39280	915	ਨਾਮੁ ਨਿਧਾਨੁ ਪਾਇਆ ਵਡਭਾਗੀ ਨਾਨਕ ਨਰਕਿ ਨ ਜਾਈ॥੧੧॥		Naam Nidhhaan Paaeiaa Vaddabhaagee Naanak Narak N Jaaee ||11||	I have obtained the treasure of the Naam, by great good fortune; O Nanak, I shall not fall into hell. ||11||	ਹੇ ਨਾਨਕ! ਜਿਸ ਭਾਗਾਂ ਵਾਲੇ ਨੇ (ਗੁਰੂ ਦੀ ਸਰਨ ਪੈ ਕੇ) ਨਾਮ-ਖ਼ਜ਼ਾਨਾ ਲੱਭ ਲਿਆ, ਉਹ (ਦੁਨੀਆ ਦੇ ਦੁੱਖਾਂ ਦੇ) ਨਰਕ ਵਿਚ ਨਹੀਂ ਪੈਂਦਾ ॥੧੧॥

39281	915	ਘਾਲ ਸਿਆਣਪ ਉਕਤਿ ਨ ਮੇਰੀ ਪੂਰੈ ਗੁਰੂ ਕਮਾਈ॥੧੨॥		Ghaal Siaanap Oukath N Maeree Poorai Guroo Kamaaee ||12||	Clever tricks have not worked for me; I shall act according to the Instructions of the Perfect Guru. ||12||	ਤਪ ਆਦਿਕਾਂ ਦੀ ਕਿਸੇ ਮਿਹਨਤ, ਵਿੱਦਿਆ ਆਦਿਕ ਦੀ ਕਿਸੇ ਚਤੁਰਾਈ, ਕਿਸੇ ਸ਼ਾਸਤ੍ਰਾਰਥ ਦੀ ਮੈਨੂੰ ਟੇਕ-ਓਟ ਨਹੀਂ ਹੈ। ਇਹ ਤਾਂ ਪੂਰੇ ਗੁਰੂ ਦੀ ਬਖ਼ਸ਼ਸ਼ ਹੈ (ਕਿ ਉਸ ਨੇ ਮੈਨੂੰ ਪਰਮਾਤਮਾ ਦੇ ਨਾਮ ਦੀ ਦਾਤ ਬਖ਼ਸ਼ੀ ਹੈ) ॥੧੨॥
39282	915	ਜਪ ਤਪ ਸੰਜਮ ਸੁਚਿ ਹੈ ਸੋਈ ਆਪੇ ਕਰੇ ਕਰਾਈ॥੧੩॥		Jap Thap Sanjam Such Hai Soee Aapae Karae Karaaee ||13||	He is chanting, intense meditation, austere self-discipline and purification. He Himself acts, and causes us to act. ||13||	ਪੂਰੇ ਗੁਰੂ ਦੀ ਸਰਨ ਪੈਣਾ ਹੀ ਮੇਰੇ ਵਾਸਤੇ ਜਪ ਤਪ ਸੰਜਮ ਅਤੇ ਸਰੀਰਕ ਪਵਿੱਤ੍ਰਤਾ ਦਾ ਸਾਧਨ ਹੈ। (ਪੂਰਾ ਗੁਰੂ) ਆਪ ਹੀ (ਮੇਰੇ ਉਤੇ ਮਿਹਰ) ਕਰਦਾ ਹੈ (ਤੇ ਮੈਥੋਂ ਪ੍ਰਭੂ ਦੀ ਸੇਵਾ ਭਗਤੀ) ਕਰਾਂਦਾ ਹੈ ॥੧੩॥
39283	915	ਪੁਤ੍ਰ ਕਲਤ੍ਰ ਮਹਾ ਬਿਖਿਆ ਮਹਿ ਗੁਰਿ ਸਾਚੈ ਲਾਇ ਤਰਾਈ॥੧੪॥	ਕ-ਲੱਤ੍ਰ	Puthr Kalathr Mehaa Bikhiaa Mehi Gur Saachai Laae Tharaaee ||14||	In the midst of children and spouse, and utter corruption, the True Guru has carried me across. ||14||	(ਜਿਹੜਾ ਭੀ ਮਨੁੱਖ ਗੁਰੂ ਦੀ ਸਰਨ ਪਿਆ) ਉਸ ਨੂੰ ਪੁੱਤਰ ਇਸਤ੍ਰੀ ਤੇ ਬਲ ਵਾਲੀ ਮਾਇਆ ਦੇ ਮੋਹ ਵਿਚੋਂ ਗੁਰੂ ਨੇ ਸਦਾ-ਥਿਰ ਪ੍ਰਭੂ (ਦੇ ਨਾਮ) ਵਿਚ ਜੋੜ ਕੇ ਪਾਰ ਲੰਘਾ ਲਿਆ ॥੧੪॥
39284	916	ਅਪਣੇ ਜੀਅ ਤੈ ਆਪਿ ਸਮ੍ਹਾਲੇ ਆਪਿ ਲੀਏ ਲੜਿ ਲਾਈ॥੧੫॥		Apanae Jeea Thai Aap Samhaalae Aap Leeeae Larr Laaee ||15||	You Yourself take care of Your beings; You Yourself attach them to the hem of Your robe. ||15||	ਹੇ ਪ੍ਰਭੂ! (ਅਸੀਂ ਤੇਰੇ ਪੈਦਾ ਕੀਤੇ ਹੋਏ ਜੀਵ ਹਾਂ) ਆਪਣੇ ਪੈਦਾ ਕੀਤੇ ਜੀਵਾਂ ਦੀ ਤੂੰ ਆਪ ਹੀ ਸਦਾ ਸੰਭਾਲ ਕੀਤੀ ਹੈ, ਤੂੰ ਆਪ ਹੀ ਇਹਨਾਂ ਨੂੰ ਆਪਣੇ ਪੱਲੇ ਲਾਂਦਾ ਹੈਂ ॥੧੫॥

39285	916	ਸਾਚ ਧਰਮ ਕਾ ਬੇੜਾ ਬਾਂਧਿਆ ਭਵਜਲੁ ਪਾਰਿ ਪਵਾਈ॥੧੬॥		Saach Dhharam Kaa Baerraa Baandhhiaa Bhavajal Paar Pavaaee ||16||	I have built the boat of true Dharmic faith, to cross over the terrifying world-ocean. ||16||	(ਹੇ ਪ੍ਰਭੂ! ਤੇਰੀ ਮਿਹਰ ਨਾਲ ਹੀ ਜਿਨ੍ਹਾਂ ਨੇ) ਤੇਰੇ ਸਦਾ-ਥਿਰ ਨਾਮ ਦੇ ਸਿਮਰਨ ਦਾ ਜਹਾਜ਼ ਤਿਆਰ ਕਰ ਲਿਆ, ਤੂੰ ਉਹਨਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦਿੱਤਾ ॥੧੬॥
39286	916	ਬੇਸੁਮਾਰ ਬੇਅੰਤ ਸੁਆਮੀ ਨਾਨਕ ਬਲਿ ਬਲਿ ਜਾਈ॥੧੭॥		Baesumaar Baeanth Suaamee Naanak Bal Bal Jaaee ||17||	The Lord Master is unlimited and endless; Nanak is a sacrifice, a sacrifice to Him. ||17||	ਹੇ ਨਾਨਕ! ਉਹ ਮਾਲਕ-ਪ੍ਰਭੂ ਬੇਅੰਤ-ਗੁਣਾਂ ਦਾ ਮਾਲਕ ਹੈ ਬੇਅੰਤ ਹੈ। ਮੈਂ ਉਸ ਤੋਂ ਸਦਕੇ ਜਾਂਦਾ ਹਾਂ, ਸਦਾ ਸਦਕੇ ਜਾਂਦਾ ਹਾਂ ॥੧੭॥
39287	916	ਅਕਾਲ ਮੂਰਤਿ ਅਜੂਨੀ ਸੰਭਉ ਕਲਿ ਅੰਧਕਾਰ ਦੀਪਾਈ॥੧੮॥		Akaal Moorath Ajoonee Sanbho Kal Andhhakaar Dheepaaee ||18||	Being of Immortal Manifestation, He is not born; He is self-existent; He is the Light in the darkness of Kali Yuga. ||18||	(ਜਿਹੜਾ) ਪਰਮਾਤਮਾ ਮੌਤ-ਰਹਿਤ ਹਸਤੀ ਵਾਲਾ ਹੈ, ਜੋ ਜੂਨਾਂ ਵਿਚ ਨਹੀਂ ਆਉਂਦਾ, ਜੋ ਆਪਣੇ ਆਪ ਤੋਂ ਪਰਗਟ ਹੁੰਦਾ ਹੈ, ਉਹ ਪ੍ਰਭੂ (ਗੁਰੂ ਦੀ) ਰਾਹੀਂ ਜਗਤ ਦੇ (ਮਾਇਆ ਦੇ ਮੋਹ ਦੇ) ਹਨੇਰੇ ਨੂੰ (ਦੂਰ ਕਰ ਕੇ ਆਤਮਕ ਜੀਵਨ ਦਾ ਚਾਨਣ ਕਰਦਾ ਹੈ ॥੧੮॥
39288	916	ਅੰਤਰਜਾਮੀ ਜੀਅਨ ਕਾ ਦਾਤਾ ਦੇਖਤ ਤ੍ਰਿਪਤਿ ਅਘਾਈ॥੧੯॥		Antharajaamee Jeean Kaa Dhaathaa Dhaekhath Thripath Aghaaee ||19||	He is the Inner-knower, the Searcher of hearts, the Giver of souls; gazing upon Him, I am satisfied and fulfilled. ||19||	ਪਰਮਾਤਮਾ ਸਭ ਦੇ ਦਿਲ ਦੀ ਜਾਣਨ ਵਾਲਾ ਹੈ, ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ, (ਗੁਰੂ ਦੀ ਸਰਨ ਪੈ ਕੇ ਉਸ ਦਾ) ਦਰਸਨ ਕੀਤਿਆਂ (ਮਾਇਆ ਦੀ ਤ੍ਰਿਸ਼ਨਾ ਵਲੋਂ) ਪੂਰਨ ਤੌਰ ਤੇ ਰੱਜ ਜਾਈਦਾ ਹੈ ॥੧੯॥

39289	916	ੲੇਕੰਕਾਰੁ ਨਿਰੰਜਨੁ ਨਿਰਭਉ ਸਭ ਜਲਿ ਥਲਿ ਰਹਿਆ ਸਮਾਈ ॥੨੦॥		Eaekankaar Niranjan Nirabho Sabh Jal Thhal Rehiaa Samaaee ||20||	He is the One Universal Creator Lord, immaculate and fearless; He is permeating and pervading all the water and the land. ||20||	(ਗੁਰੂ ਦੀ ਰਾਹੀਂ ਇਹ ਸਮਝ ਪੈਂਦੀ ਹੈ ਕਿ) ਸਰਬ-ਵਿਆਪਕ ਪਰਮਾਤਮਾ ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲਾ ਪਰਮਾਤਮਾ, ਕਿਸੇ ਤੋਂ ਭੀ ਨਾਹ ਡਰਨ ਵਾਲਾ ਪਰਮਾਤਮਾ ਜਲ ਵਿਚ ਥਲ ਵਿੱਚ ਹਰ ਥਾਂ ਮੌਜੂਦ ਹੈ ॥੨੦॥
39290	916	ਭਗਤਿ ਦਾਨੁ ਭਗਤਾ ਕਉ ਦੀਨਾ ਹਰਿ ਨਾਨਕ ਜਾਚੈ ਮਾਈ॥੨੧॥੧॥੬॥		Bhagath Dhaan Bhagathaa Ko Dheenaa Har Naanak Jaachai Maaee ||21||1||6||	He blesses His devotees with the Gift of devotional worship; Nanak longs for the Lord, O my mother. ||21||1||6||	ਹੇ ਮਾਂ! (ਗੁਰੂ ਦੀ ਰਾਹੀਂ ਹੀ ਪਰਮਾਤਮਾ ਨੇ ਆਪਣੀ) ਭਗਤੀ ਦਾ ਦਾਨ (ਆਪਣੇ) ਭਗਤਾਂ ਨੂੰ (ਸਦਾ) ਦਿੱਤਾ ਹੈ। (ਦਾਸ) ਨਾਨਕ ਭੀ (ਗੁਰੂ ਦੀ ਰਾਹੀਂ ਹੀ) ਉਸ ਪਰਮਾਤਮਾ ਪਾਸੋਂ (ਇਹ ਖ਼ੈਰ) ਮੰਗਦਾ ਹੈ ॥੨੧॥੧॥੬॥
39291	916	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl,	
39292	916	ਸਲੋਕੁ॥		Salok ||	Shalok:	
39293	916	ਸਿਖਹੁ ਸਬਦੁ ਪਿਆਰਿਹੋ ਜਨਮ ਮਰਨ ਕੀ ਟੇਕ॥	ਸਿੱਖਹੁ	Sikhahu Sabadh Piaariho Janam Maran Kee Ttaek ||	Study the Word of the Shabad, O beloveds. It is your anchoring support in life and in death.	ਹੇ ਪਿਆਰੇ ਮਿੱਤਰੋ! ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨ ਦੀ ਆਦਤ ਬਣਾਓ, ਇਹ ਸਿਫ਼ਤ-ਸਾਲਾਹ ਹੀ (ਮਨੁੱਖ ਵਾਸਤੇ) ਸਾਰੀ ਉਮਰ ਦਾ ਸਹਾਰਾ ਹੈ।

39294	916	ਮੁਖੁ ਊਜਲੁ ਸਦਾ ਸੁਖੀ ਨਾਨਕ ਸਿਮਰਤ ਏਕ॥੧॥		Mukh Oojal Sadhaa Sukhee Naanak Simarath Eaek ||1||	Your face shall be radiant, and you will be at peace forever, O Nanak, meditating in remembrance on the One Lord. ||1||	ਹੇ ਨਾਨਕ! ਇਕ ਪਰਮਾਤਮਾ ਦਾ ਨਾਮ ਸਿਮਰਦਿਆਂ (ਲੋਕ ਪਰਲੋਕ ਵਿਚ) ਮੁਖ ਉਜਲਾ ਰਹਿੰਦਾ ਹੈ ਅਤੇ ਸਦਾ ਹੀ ਸੁਖੀ ਰਹਿੰਦਾ ਹੈ ॥੧॥
39295	916	ਮਨੁ ਤਨੁ ਰਾਤਾ ਰਾਮ ਪਿਆਰੇ ਹਰਿ ਪ੍ਰੇਮ ਭਗਤਿ ਬਣਿ ਆਈ ਸੰਤਹੁ॥੧॥		Man Than Raathaa Raam Piaarae Har Praem Bhagath Ban Aaee Santhahu ||1||	My mind and body are imbued with my Beloved Lord; I have been blessed with loving devotion to the Lord, O Saints. ||1||	ਹੇ ਸੰਤ ਜਨੋ! ਜਿਸ ਮਨੁੱਖ ਦਾ ਮਨ ਤੇ ਤਨ ਪਿਆਰੇ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਪ੍ਰਭੂ ਦੀ ਪ੍ਰੇਮਾ-ਭਗਤੀ ਦੇ ਕਾਰਨ ਪ੍ਰਭੂ ਨਾਲ ਉਸ ਦੀ ਡੂੰਘੀ ਸਾਂਝ ਬਣ ਜਾਂਦੀ ਹੈ ॥੧॥
39296	916	ਸਤਿਗੁਰਿ ਖੇਪ ਨਿਬਾਹੀ ਸੰਤਹੁ॥		Sathigur Khaep Nibaahee Santhahu ||	The True Guru has approved my cargo, O Saints.	ਹੇ ਸੰਤ ਜਨੋ! ਜਿਸ ਮਨੁੱਖ ਦੀ ਪ੍ਰਭੂ ਨਾਲ ਸਾਂਝ ਗੁਰੂ ਨੇ ਸਿਰੇ ਚਾੜ੍ਹ ਦਿੱਤੀ,
39297	916	ਹਰਿ ਨਾਮੁ ਲਾਹਾ ਦਾਸ ਕਉ ਦੀਆ ਸਗਲੀ ਤ੍ਰਿਸਨ ਉਲਾਹੀ ਸੰਤਹੁ॥੧॥ਰਹਾਉ॥	(ਉਲਾਹੀ)ਵਿਸ਼ੇਸ਼ ਲਾਹ ਦਿੱਤੀ	Har Naam Laahaa Dhaas Ko Dheeaa Sagalee Thrisan Oulaahee Santhahu ||1|| Rehaao ||	He has blessed His slave with the profit of the Lord's Name; all my thirst is quenched, O Saints. ||1||Pause||	ਹੇ ਸੰਤ ਜਨੋ! ਉਸ ਸੇਵਕ ਨੂੰ ਗੁਰੂ ਨੇ ਪਰਮਾਤਮਾ ਦੇ ਨਾਮ ਦਾ ਲਾਭ ਬਖ਼ਸ਼ ਦਿੱਤਾ, ਤੇ, ਇਸ ਤਰ੍ਹਾਂ ਉਸ ਦੀ ਸਾਰੀ ਮਾਇਕ ਤ੍ਰਿਸ਼ਨਾ ਮੁਕਾ ਦਿੱਤੀ ॥੧॥ ਰਹਾਉ ॥

39298	916	ਖੋਜਤ ਖੋਜਤ ਲਾਲੁ ਇਕੁ ਪਾਇਆ ਹਰਿ ਕੀਮਤਿ ਕਹਣੁ ਨ ਜਾਈ ਸੰਤਹੁ॥੨॥		Khojath Khojath Laal Eik Paaeiaa Har Keemath Kehan N Jaaee Santhahu ||2||	Searching and searching, I have found the One Lord, the jewel; I cannot express His value, O Saints. ||2||	ਹੇ ਸੰਤ ਜਨੋ! (ਗੁਰੂ ਦੀ ਸਰਨ ਪੈ ਕੇ ਖੋਜਣ ਵਾਲੇ ਨੇ) ਖੋਜ ਕਰਦਿਆਂ ਕਰਦਿਆਂ ਪਰਮਾਤਮਾ ਦਾ ਨਾਮ-ਹੀਰਾ ਲੱਭ ਲਿਆ। ਉਸ ਲਾਲ ਦਾ ਮੁੱਲ ਨਹੀਂ ਪਾਇਆ ਜਾ ਸਕਦਾ ॥੨॥
39299	916	ਚਰਨਕਮਲ ਸਿਉ ਲਾਗੋ ਧਿਆਨਾ ਸਾਚੈ ਦਰਸਿ ਸਮਾਈ ਸੰਤਹੁ॥੩॥		Charan Kamal Sio Laago Dhhiaanaa Saachai Dharas Samaaee Santhahu ||3||	I focus my meditation on His Lotus Feet; I am absorbed in the True Vision of His Darshan, O Saints. ||3||	ਹੇ ਸੰਤ ਜਨੋ! (ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੀ) ਸੁਰਤ ਪ੍ਰਭੂ ਦੇ ਸੋਹਣੇ ਚਰਨਾਂ ਵਿਚ ਜੁੜ ਗਈ, ਸਦਾ-ਥਿਰ ਪ੍ਰਭੂ ਦੇ ਦਰਸ਼ਨ ਵਿਚ ਉਸ ਦੀ ਸਦਾ ਲਈ ਲੀਨਤਾ ਹੋ ਗਈ ॥੩॥
39300	916	ਗੁਣ ਗਾਵਤ ਗਾਵਤ ਭਏ ਨਿਹਾਲਾ ਹਰਿ ਸਿਮਰਤ ਤ੍ਰਿਪਤਿ ਅਘਾਈ ਸੰਤਹੁ॥੪॥		Gun Gaavath Gaavath Bheae Nihaalaa Har Simarath Thripath Aghaaee Santhahu ||4||	Singing, singing His Glorious Praises, I am enraptured; meditating in remembrance on the Lord, I am satisfied and fulfilled, O Saints. ||4||	ਹੇ ਸੰਤ ਜਨੋ! ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦਿਆਂ ਗਾਂਦਿਆਂ ਤਨੋ ਮਨੋ ਖਿੜ ਜਾਈਦਾ ਹੈ, ਪਰਮਾਤਮਾ ਦਾ ਸਿਮਰਨ ਕਰਦਿਆਂ (ਮਾਇਆ ਦੀ ਤ੍ਰਿਸ਼ਨਾ ਵਲੋਂ) ਪੂਰੇ ਤੌਰ ਤੇ ਰੱਜ ਜਾਈਦਾ ਹੈ ॥੪॥

39301	916	ਆਤਮ ਰਾਮੁ ਰਵਿਆ ਸਭ ਅੰਤਰਿ ਕਤ ਆਵੈ ਕਤ ਜਾਈ ਸੰਤਹੁ॥੫॥		Aatham Raam Raviaa Sabh Anthar Kath Aavai Kath Jaaee Santhahu ||5||	The Lord, the Supreme Soul, is permeating within all; what comes, and what goes, O Saints? ||5||	ਹੇ ਸੰਤ ਜਨੋ! (ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਨੂੰ) ਸਰਬ-ਵਿਆਪਕ ਪਰਮਾਤਮਾ ਸਭ ਜੀਵਾਂ ਦੇ ਅੰਦਰ ਵੱਸਦਾ ਦਿੱਸ ਪੈਂਦਾ ਹੈ, ਉਸਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ ॥੫॥
39302	916	ਆਦਿ ਜੁਗਾਦੀ ਹੈ ਭੀ ਹੋਸੀ ਸਭ ਜੀਆ ਕਾ ਸੁਖਦਾਈ ਸੰਤਹੁ॥੬॥	ਜੁੱਗਾਦੀ	Aadh Jugaadhee Hai Bhee Hosee Sabh Jeeaa Kaa Sukhadhaaee Santhahu ||6||	At the very beginning of time, and throughout the ages, He is, and He shall always be; He is the Giver of peace to all beings, O Saints. ||6||	ਹੇ ਸੰਤ ਜਨੋ! (ਗੁਰੂ ਨੇ ਜਿਸ ਮਨੁੱਖ ਦੀ ਖੇਪ ਤੋੜ ਸਿਰੇ ਚਾੜ੍ਹ ਦਿੱਤੀ, ਉਸ ਨੂੰ ਇਹ ਦਿੱਸ ਪੈਂਦਾ ਹੈ ਕਿ) ਪਰਮਾਤਮਾ ਸਭ ਦਾ ਮੁੱਢ ਹੈ, ਪਰਮਾਤਮਾ ਜੁਗਾਂ ਦੇ ਸ਼ੁਰੂ ਤੋਂ ਹੈ, ਪਰਮਾਤਮਾ ਇਸ ਵੇਲੇ ਵੀ ਮੌਜੂਦ ਹੈ, ਪਰਮਾਤਮਾ ਸਦਾ ਲਈ ਕਾਇਮ ਰਹੇਗਾ। ਉਹ ਪਰਮਾਤਮਾ ਸਭ ਜੀਵਾਂ ਨੂੰ ਸੁਖ ਦੇਣ ਵਾਲਾ ਹੈ ॥੬॥
39303	916	ਆਪਿ ਬੇਅੰਤੁ ਅੰਤੁ ਨਹੀ ਪਾਈਐ ਪੂਰਿ ਰਹਿਆ ਸਭ ਠਾਈ ਸੰਤਹੁ॥੭॥	ਠਾਈਂ	Aap Baeanth Anth Nehee Paaeeai Poor Rehiaa Sabh Thaaee Santhahu ||7||	He Himself is endless; His end cannot be found. He is totally pervading and permeating everywhere, O Saints. ||7||	ਹੇ ਸੰਤ ਜਨੋ! ਪਰਮਾਤਮਾ ਬੇਅੰਤ ਹੈ, ਉਸ ਦੇ ਗੁਣਾਂ ਦਾ ਅਖ਼ੀਰਲਾ ਬੰਨਾ ਲੱਭਿਆ ਨਹੀਂ ਜਾ ਸਕਦਾ। ਉਹ ਪ੍ਰਭੂ ਸਭਨੀਂ ਥਾਈਂ ਵਿਆਪਕ ਹੈ ॥੭॥

39304	916	ਮੀਤ ਸਾਜਨ ਮਾਲੁ ਜੋਬਨੁ ਸੁਤ ਹਰਿ ਨਾਨਕ ਬਾਪੁ ਮੇਰੀ ਮਾਈ ਸੰਤਹੁ॥੮॥੨॥੭॥		Meeth Saajan Maal Joban Suth Har Naanak Baap Maeree Maaee Santhahu ||8||2||7||	Nanak: the Lord is my friend, companion, wealth, youth, son, father and mother, O Saints. ||8||2||7||	ਹੇ ਸੰਤ ਜਨੋ! ਨਾਨਕ ਆਖਦਾ ਹੈ, ਉਹ ਪਰਮਾਤਮਾ ਹੀ ਮੇਰਾ ਮਿੱਤਰ ਹੈ, ਮੇਰਾ ਸੱਜਣ ਹੈ, ਮੇਰਾ ਧਨ-ਮਾਲ ਹੈ, ਮੇਰਾ ਜੋਬਨ ਹੈ, ਮੇਰਾ ਪੁੱਤਰ ਹੈ, ਮੇਰਾ ਪਿਉ ਹੈ, ਮੇਰੀ ਮਾਂ ਹੈ (ਇਹਨੀਂ ਸਭਨੀਂ ਥਾਈਂ ਮੈਨੂੰ ਪਰਮਾਤਮਾ ਦਾ ਹੀ ਸਹਾਰਾ ਹੈ) ॥੮॥੨॥੭॥
39305	916	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
39306	916	ਮਨ ਬਚ ਕ੍ਰਮਿ ਰਾਮ ਨਾਮੁ ਚਿਤਾਰੀ॥		Man Bach Kram Raam Naam Chithaaree ||	In thought word and deed I contemplate the Lord's Name.	ਆਪਣੇ ਮਨ ਦੀ ਰਾਹੀਂ, ਆਪਣੇ ਹਰੇਕ ਬੋਲ ਦੀ ਰਾਹੀਂ, ਆਪਣੇ ਹਰੇਕ ਕੰਮ ਦੀ ਰਾਹੀਂ ਪਰਮਾਤਮਾ ਦਾ ਨਾਮ ਚੇਤੇ ਰੱਖਿਆ ਕਰ।
39307	916	ਘੂਮਨਘੇਰਿ ਮਹਾ ਅਤਿ ਬਿਖੜੀ ਗੁਰਮੁਖਿ ਨਾਨਕ ਪਾਰਿ ਉਤਾਰੀ॥੧॥ਰਹਾਉ॥	ਘੂਮਨ-ਘੇਰਿ। ਬਿਖੜੀੜ	Ghooman Ghaer Mehaa Ath Bikharree Guramukh Naanak Paar Outhaaree ||1|| Rehaao ||	The horrible world-ocean is very treacherous; O Nanak, the Gurmukh is carried across. ||1||Pause||	ਹੇ ਨਾਨਕ! (ਜਗਤ ਵਿਚ ਵਿਕਾਰਾਂ ਦੀਆਂ ਲਹਿਰਾਂ ਦੀ) ਬੜੀ ਭਿਆਨਕ ਘੁੰਮਣ-ਘੇਰੀ ਹੈ। ਗੁਰੂ ਦੀ ਸਰਨ ਪੈ ਕੇ (ਇਸ ਵਿਚੋਂ ਆਪਣੀ ਜ਼ਿੰਦਗੀ ਦੀ ਬੇੜੀ ਨੂੰ) ਪਾਰ ਲੰਘਾ ॥੧॥ ਰਹਾਉ ॥

39308	916	ਅੰਤਰਿ ਸੂਖਾ ਬਾਹਰਿ ਸੂਖਾ ਹਰਿ ਜਪਿ ਮਲਨ ਭਏ ਦੁਸਟਾਰੀ॥੧॥	(ਮਲਨ)ਮਲ਼ੇ। ਦੁਸਟਾਰੀ ਦੁਸ਼ਟ ਕਾਮਾਦਿ	Anthar Sookhaa Baahar Sookhaa Har Jap Malan Bheae Dhusattaaree ||1||	Inwardly, peace, and outwardly, peace; meditating on the Lord, evil tendencies are crushed. ||1||	ਪਰਮਾਤਮਾ ਦਾ ਨਾਮ ਜਪ ਜਪ ਕੇ (ਕਾਮਾਦਿਕ) ਚੰਦਰੇ ਵੈਰੀ ਮਲੇ-ਦਲੇ ਜਾਂਦੇ ਹਨ, (ਤਦੋਂ) ਹਿਰਦੇ ਵਿਚ ਸਦਾ ਸੁਖ ਬਣਿਆ ਰਹਿੰਦਾ ਹੈ, ਦੁਨੀਆ ਨਾਲ ਵਰਤਦਿਆਂ ਭੀ ਸੁਖ ਹੀ ਟਿਕਿਆ ਰਹਿੰਦਾ ਹੈ ॥੧॥
39309	916	ਜਿਸ ਤੇ ਲਾਗੇ ਤਿਨਹਿ ਨਿਵਾਰੇ ਪ੍ਰਭ ਜੀਉ ਅਪਣੀ ਕਿਰਪਾ ਧਾਰੀ॥੨॥		Jis Thae Laagae Thinehi Nivaarae Prabh Jeeo Apanee Kirapaa Dhhaaree ||2||	He has rid me of what was clinging to me; my Dear Lord God has blessed me with His Grace. ||2||	ਜਿਸ ਪ੍ਰਭੂ ਦੀ ਰਜ਼ਾ ਅਨੁਸਾਰ (ਇਹ ਚੰਦਰੇ ਵੈਰੀ) ਚੰਬੜਦੇ ਹਨ, ਉਹੀ ਪ੍ਰਭੂ ਜੀ ਆਪਣੀ ਕਿਰਪਾ ਕਰ ਕੇ ਇਹਨਾਂ ਨੂੰ ਦੂਰ ਕਰਦਾ ਹੈ ॥੨॥
39310	916	ਉਧਰੇ ਸੰਤ ਪਰੇ ਹਰਿ ਸਰਨੀ ਪਚਿ ਬਿਨਸੇ ਮਹਾ ਅਹੰਕਾਰੀ॥੩॥	ਅਹੰ-ਕਾਰੀ	Oudhharae Santh Parae Har Saranee Pach Binasae Mehaa Ahankaaree ||3||	The Saints are saved, in His Sanctuary; the very egotistical people rot away and die. ||3||	ਸੰਤ ਜਨ ਤਾਂ ਪਰਮਾਤਮਾ ਦੀ ਸਰਨ ਪੈ ਜਾਂਦੇ ਹਨ ਉਹ ਤਾਂ (ਇਹਨਾਂ ਵੈਰੀਆਂ ਦੀ ਮਾਰ ਤੋਂ) ਬਚ ਜਾਂਦੇ ਹਨ, ਪਰ ਵੱਡੇ ਅਹੰਕਾਰੀ ਮਨੁੱਖ (ਇਹਨਾਂ ਵਿਚ) ਸੜ ਕੇ ਆਤਮਕ ਮੌਤੇ ਮਰ ਜਾਂਦੇ ਹਨ ॥੩॥
39311	916	ਸਾਧੂਸੰਗਤਿ ਇਹੁ ਫਲੁ ਪਾਇਆ ਇਕੁ ਕੇਵਲ ਨਾਮੁ ਅਧਾਰੀ॥੪॥		Saadhhoo Sangath Eihu Fal Paaeiaa Eik Kaeval Naam Adhhaaree ||4||	In the Saadh Sangat, the Company of the Holy, I have obtained this fruit, the Support of the One Name alone. ||4||	(ਸੰਤ ਜਨਾਂ ਨੇ) ਗੁਰੂ ਦੀ ਸੰਗਤ ਵਿਚ ਰਹਿ ਕੇ ਪਰਮਾਤਮਾ ਦਾ ਨਾਮ-ਫਲ ਲੱਭ ਲਿਆ, ਸਿਰਫ਼ ਹਰਿ-ਨਾਮ ਨੂੰ ਉਹਨਾਂ ਆਪਣੀ ਜ਼ਿੰਦਗੀ ਦਾ ਆਸਰਾ ਬਣਾਇਆ ॥੪॥

39312	916	ਨ ਕੋਈ ਸੂਰੁ ਨ ਕੋਈ ਹੀਣਾ ਸਭ ਪ੍ਰਗਟੀ ਜੋਤਿ ਤੁਮ੍ਹਾਰੀ॥੫॥		N Koee Soor N Koee Heenaa Sabh Pragattee Joth Thumhaaree ||5||	No one is strong, and no one is weak; all are manifestations of Your Light, Lord. ||5||	ਪਰ, ਹੇ ਪ੍ਰਭੂ! (ਆਪਣੇ ਆਪ ਵਿਚ) ਨਾਹ ਕੋਈ ਜੀਵ ਸੂਰਮਾ ਹੈ ਨਾਹ ਕੋਈ ਲਿੱਸਾ ਹੈ। ਹਰ ਇਕ ਜੀਵ ਵਿਚ ਤੇਰੀ ਹੀ ਜੋਤਿ ਪਰਗਟ ਹੋ ਰਹੀ ਹੈ ॥੫॥
39313	916	ਤੁਮ੍ ਸਮਰਥ ਅਕਥ ਅਗੋਚਰ ਰਵਿਆ ਏਕੁ ਮੁਰਾਰੀ॥੬॥	ਸਮਰੱਥਅ-ਕਥ:ਪੋਲਾ ਬੋਲੋ	Thumh Samarathh Akathh Agochar Raviaa Eaek Muraaree ||6||	You are the all-powerful, indescribable, unfathomable, all-pervading Lord. ||6||	ਹੇ ਪ੍ਰਭੂ! ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੇਰੀਆਂ ਤਾਕਤਾਂ ਬਿਆਨ ਤੋਂ ਪਰੇ ਹਨ, ਗਿਆਨ-ਇੰਦ੍ਰਿਆਂ ਦੀ ਰਾਹੀਂ ਤੇਰੇ ਤਕ ਪਹੁੰਚ ਨਹੀਂ ਹੋ ਸਕਦੀ। ਹੇ ਪ੍ਰਭੂ! ਤੂੰ ਆਪ ਸਭ ਜੀਵਾਂ ਵਿਚ ਵਿਆਪਕ ਹੈਂ ॥੬॥
39314	916	ਕੀਮਤਿ ਕਉਣੁ ਕਰੇ ਤੇਰੀ ਕਰਤੇ ਪ੍ਰਭ ਅੰਤੁ ਨ ਪਾਰਾਵਾਰੀ॥੭॥		Keemath Koun Karae Thaeree Karathae Prabh Anth N Paaraavaaree ||7||	Who can estimate Your value, O Creator Lord? God has no end or limitation. ||7||	ਹੇ ਕਰਤਾਰ! ਹੇ ਪ੍ਰਭੂ! ਕੋਈ ਜੀਵ ਤੇਰੀ ਕੀਮਤ ਨਹੀਂ ਪਾ ਸਕਦਾ। ਤੇਰਾ ਅੰਤ ਤੇਰਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ ॥੭॥
39315	916	ਨਾਮ ਦਾਨੁ ਨਾਨਕ ਵਡਿਆਈ ਤੇਰਿਆ ਸੰਤ ਜਨਾ ਰੇਣਾਰੀ॥੮॥੩॥੮॥ ੨੨॥		Naam Dhaan Naanak Vaddiaaee Thaeriaa Santh Janaa Raenaaree ||8||3||8||22||	Please bless Nanak with the glorious greatness of the gift of the Naam, and the dust of the feet of Your Saints. ||8||3||8||22||	ਹੇ ਨਾਨਕ! (ਹੇ ਪ੍ਰਭੂ!) ਤੇਰੇ ਸੰਤ ਜਨਾਂ ਦੀ ਚਰਨ-ਧੂੜ ਲਿਆਂ ਤੇਰੇ ਨਾਮ ਦੀ ਦਾਤ ਮਿਲਦੀ ਹੈ, (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ ॥੮॥੩॥੮॥੨੨॥

39316	917	ਰਾਮਕਲੀ ਮਹਲਾ ੩ ਅਨੰਦੁ		Raamakalee Mehalaa 3 Anandhu	Raamkalee, Third Mehl, Anand ~ The Song Of Bliss:	ਰਾਗ ਰਾਮਕਲੀ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ 'ਅਨੰਦ'।
39317	917	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
39318	917	ਅਨੰਦੁ ਭਇਆ ਮੇਰੀ ਮਾਏ ਸਤਿਗੁਰੂ ਮੈ ਪਾਇਆ॥	ਭ-ਇਆ	Anandh Bhaeiaa Maeree Maaeae Sathiguroo Mai Paaeiaa ||	I am in ecstasy, O my mother, for I have found my True Guru.	ਹੇ ਭਾਈ ਮਾਂ! (ਮੇਰੇ ਅੰਦਰ) ਪੂਰਨ ਖਿੜਾਉ ਪੈਦਾ ਹੋ ਗਿਆ ਹੈ (ਕਿਉਂਕਿ) ਮੈਨੂੰ ਗੁਰੂ ਮਿਲ ਪਿਆ ਹੈ।
39319	917	ਸਤਿਗੁਰੁ ਤ ਪਾਇਆ ਸਹਜ ਸੇਤੀ ਮਨਿ ਵਜੀਆ ਵਾਧਾਈਆ॥		Sathigur Th Paaeiaa Sehaj Saethee Man Vajeeaa Vaadhhaaeeaa ||	I have found the True Guru, with intuitive ease, and my mind vibrates with the music of bliss.	ਮੈਨੂੰ ਗੁਰੂ ਮਿਲਿਆ ਹੈ, ਤੇ ਨਾਲ ਹੀ ਅਡੋਲ ਅਵਸਥਾ ਭੀ ਪ੍ਰਾਪਤ ਹੋ ਗਈ ਹੈ (ਭਾਵ, ਗੁਰੂ ਦੇ ਮਿਲਣ ਨਾਲ ਮੇਰਾ ਮਨ ਡੋਲਣੋਂ ਹਟ ਗਿਆ ਹੈ); ਮੇਰੇ ਮਨ ਵਿਚ (ਮਾਨੋ) ਖ਼ੁਸ਼ੀ ਦੇ ਵਾਜੇ ਵੱਜ ਪਏ ਹਨ,
39320	917	ਰਾਗ ਰਤਨ ਪਰਵਾਰ ਪਰੀਆ ਸਬਦ ਗਾਵਣ ਆਈਆ॥		Raag Rathan Paravaar Pareeaa Sabadh Gaavan Aaeeaa ||	The jewelled melodies and their related celestial harmonies have come to sing the Word of the Shabad.	ਸੋਹਣੇ ਰਾਗ ਆਪਣੇ ਪਰਵਾਰ ਤੇ ਰਾਣੀਆਂ ਸਮੇਤ (ਮੇਰੇ ਮਨ ਵਿਚ, ਮਾਨੋ,) ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਗੀਤ ਗਾਵਣ ਆ ਗਏ ਹਨ।

39321	917	ਸਬਦੋ ਤ ਗਾਵਹੁ ਹਰੀ ਕੇਰਾ ਮਨਿ ਜਿਨੀ ਵਸਾਇਆ॥		Sabadho Th Gaavahu Haree Kaeraa Man Jinee Vasaaeiaa ||	The Lord dwells within the minds of those who sing the Shabad.	(ਤੁਸੀ ਭੀ) ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਗੀਤ ਗਾਵੋ। ਜਿਨ੍ਹਾਂ ਜਿਨ੍ਹਾਂ ਨੇ ਸਿਫ਼ਤ-ਸਾਲਾਹ ਦਾ ਸ਼ਬਦ ਮਨ ਵਿਚ ਵਸਾਇਆ ਹੈ (ਉਹਨਾਂ ਦੇ ਅੰਦਰ ਪੂਰਨ ਖਿੜਾਉ ਪੈਦਾ ਹੋ ਜਾਂਦਾ ਹੈ)।
39322	917	ਕਹੈ ਨਾਨਕੁ ਅਨੰਦੁ ਹੋਆ ਸਤਿਗੁਰੂ ਮੈ ਪਾਇਆ॥੧॥		Kehai Naanak Anandh Hoaa Sathiguroo Mai Paaeiaa ||1||	Says Nanak, I am in ecstasy, for I have found my True Guru. ||1||	ਨਾਨਕ ਆਖਦਾ ਹੈ (ਮੇਰੇ ਅੰਦਰ ਭੀ) ਆਨੰਦ ਬਣ ਗਿਆ ਹੈ (ਕਿਉਂਕਿ) ਮੈਨੂੰ ਸਤਿਗੁਰੂ ਮਿਲ ਪਿਆ ਹੈ ॥੧॥
39323	917	ਏ ਮਨ ਮੇਰਿਆ ਤੂ ਸਦਾ ਰਹੁ ਹਰਿ ਨਾਲੇ॥		Eae Man Maeriaa Thoo Sadhaa Rahu Har Naalae ||	O my mind, remain always with the Lord.	ਹੇ ਮੇਰੇ ਮਨ! ਤੂੰ ਸਦਾ ਪ੍ਰਭੂ ਦੇ ਨਾਲ (ਜੁੜਿਆ) ਰਹੁ।
39324	917	ਹਰਿ ਨਾਲਿ ਰਹੁ ਤੂ ਮੰਨ ਮੇਰੇ ਦੂਖ ਸਭਿ ਵਿਸਾਰਣਾ॥		Har Naal Rahu Thoo Mann Maerae Dhookh Sabh Visaaranaa ||	Remain always with the Lord, O my mind, and all sufferings will be forgotten.	ਹੇ ਮੇਰੇ ਮਨ! ਤੂੰ ਸਦਾ ਪ੍ਰਭੂ ਨੂੰ ਯਾਦ ਰੱਖ।
39325	917	ਅੰਗੀਕਾਰੁ ਓਹੁ ਕਰੇ ਤੇਰਾ ਕਾਰਜ ਸਭਿ ਸਵਾਰਣਾ॥		Angeekaar Ouhu Karae Thaeraa Kaaraj Sabh Savaaranaa ||	He will accept You as His own, and all your affairs will be perfectly arranged.	ਉਹ ਪ੍ਰਭੂ ਸਾਰੇ ਦੁੱਖ ਦੂਰ ਕਰਨ ਵਾਲਾ ਹੈ।

39326	917	ਸਭਨਾ ਗਲਾ ਸਮਰਥੁ ਸੁਆਮੀ ਸੋ ਕਿਉ ਮਨਹੁ ਵਿਸਾਰੇ॥	ਗੱਲਾਂ	Sabhanaa Galaa Samarathh Suaamee So Kio Manahu Visaarae ||	Our Lord and Master is all-powerful to do all things, so why forget Him from your mind?	ਉਹ ਸਦਾ ਤੇਰੀ ਸਹਾਇਤਾ ਕਰਨ ਵਾਲਾ ਹੈ ਤੇਰੇ ਸਾਰੇ ਕੰਮ ਸਿਰੇ ਚਾੜ੍ਹਨ ਦੇ ਸਮਰੱਥ ਹੈ।
39327	917	ਕਹੈ ਨਾਨਕੁ ਮੰਨ ਮੇਰੇ ਸਦਾ ਰਹੁ ਹਰਿ ਨਾਲੇ॥੨॥		Kehai Naanak Mann Maerae Sadhaa Rahu Har Naalae ||2||	Says Nanak, O my mind, remain always with the Lord. ||2||	ਉਸ ਮਾਲਕ ਨੂੰ ਕਿਉਂ (ਆਪਣੇ) ਮਨ ਤੋਂ ਭੁਲਾਂਦਾ ਹੈਂ ਜੋ ਸਾਰੇ ਕੰਮ ਕਰਨ-ਜੋਗਾ ਹੈ? ਨਾਨਕ ਆਖਦਾ ਹੈ ਕਿ ਹੇ ਮੇਰੇ ਮਨ! ਤੂੰ ਸਦਾ ਪ੍ਰਭੂ ਦੇ ਚਰਨਾਂ ਵਿਚ ਜੁੜਿਆ ਰਹੁ ॥੨॥
39328	917	ਸਾਚੇ ਸਾਹਿਬਾ ਕਿਆ ਨਾਹੀ ਘਰਿ ਤੇਰੈ॥		Saachae Saahibaa Kiaa Naahee Ghar Thaerai ||	O my True Lord and Master, what is there which is not in Your celestial home?	ਹੇ ਸਦਾ ਕਾਇਮ ਰਹਿਣ ਵਾਲੇ ਮਾਲਕ (-ਪ੍ਰਭੂ)! (ਮੈਂ ਤੇਰੇ ਦਰ ਤੋਂ ਮਨ ਦਾ ਆਨੰਦ ਮੰਗਦਾ ਹਾਂ, ਪਰ) ਤੇਰੇ ਘਰ ਵਿਚ ਕੇਹੜੀ ਚੀਜ਼ ਨਹੀਂ ਹੈ?
39329	917	ਘਰਿ ਤ ਤੇਰੈ ਸਭੁ ਕਿਛੁ ਹੈ ਜਿਸੁ ਦੇਹਿ ਸੁ ਪਾਵਏ॥	ਪਾ-ਵਏ	Ghar Th Thaerai Sabh Kishh Hai Jis Dhaehi S Paaveae ||	Everything is in Your home; they receive, unto whom You give.	ਤੇਰੇ ਘਰ ਵਿਚ ਤਾਂ ਹਰੇਕ ਚੀਜ਼ ਮੌਜੂਦ ਹੈ, ਉਹੀ ਮਨੁੱਖ ਪ੍ਰਾਪਤ ਕਰਦਾ ਹੈ ਜਿਸ ਨੂੰ ਤੂੰ ਆਪ ਦੇਂਦਾ ਹੈਂ।
39330	917	ਸਦਾ ਸਿਫਤਿ ਸਲਾਹ ਤੇਰੀ ਨਾਮੁ ਮਨਿ ਵਸਾਵਏ॥	ਵਸਾਵ-ਏ	Sadhaa Sifath Salaah Thaeree Naam Man Vasaaveae ||	Constantly singing Your Praises and Glories, Your Name is enshrined in the mind.	(ਫਿਰ, ਉਹ ਮਨੁੱਖ) ਤੇਰਾ ਨਾਮ ਤੇ ਤੇਰੀ ਸਿਫ਼ਤ-ਸਾਲਾਹ (ਆਪਣੇ) ਮਨ ਵਿਚ ਵਸਾਂਦਾ ਹੈ (ਜਿਸ ਦੀ ਬਰਕਤਿ ਨਾਲ ਉਸ ਦੇ ਅੰਦਰ ਆਨੰਦ ਪੈਦਾ ਹੋ ਜਾਂਦਾ ਹੈ)।

39331	917	ਨਾਮੁ ਜਿਨ ਕੈ ਮਨਿ ਵਸਿਆ ਵਾਜੇ ਸਬਦ ਘਨੇਰੇ॥		Naam Jin Kai Man Vasiaa Vaajae Sabadh Ghanaerae ||	The divine melody of the Shabad vibrates for those, within whose minds the Naam abides.	ਜਿਨ੍ਹਾਂ ਬੰਦਿਆਂ ਦੇ ਮਨ ਵਿਚ (ਤੇਰਾ) ਨਾਮ ਵੱਸਦਾ ਹੈ (ਉਹਨਾਂ ਦੇ ਅੰਦਰ, ਮਾਨੋ,) ਬੇਅੰਤ ਸਾਜ਼ਾਂ ਦੀਆਂ (ਮਿਲਵੀਆਂ) ਸੁਰਾਂ ਵੱਜਣ ਲੱਗ ਪੈਂਦੀਆਂ ਹਨ (ਭਾਵ, ਉਹਨਾਂ ਦੇ ਮਨ ਵਿਚ ਉਹ ਖ਼ੁਸ਼ੀ ਤੇ ਚਾਉ ਪੈਦਾ ਹੁੰਦਾ ਹੈ ਜੋ ਕਈ ਸਾਜ਼ਾਂ ਦਾ ਮਿਲਵਾਂ ਰਾਗ ਸੁਣ ਕੇ ਪੈਦਾ ਹੁੰਦਾ ਹੈ)।
39332	917	ਕਹੈ ਨਾਨਕੁ ਸਚੇ ਸਾਹਿਬ ਕਿਆ ਨਾਹੀ ਘਰਿ ਤੇਰੈ॥੩॥		Kehai Naanak Sachae Saahib Kiaa Naahee Ghar Thaerai ||3||	Says Nanak, O my True Lord and Master, what is there which is not in Your home? ||3||	ਨਾਨਕ ਆਖਦਾ ਹੈ ਕਿ ਹੇ ਸਦਾ ਕਾਇਮ ਰਹਿਣ ਵਾਲੇ ਮਾਲਕ! ਤੇਰੇ ਘਰ ਵਿਚ ਕਿਸੇ ਸ਼ੈ ਦਾ ਘਾਟਾ ਨਹੀਂ ਹੈ (ਤੇ, ਮੈਂ ਤੇਰੇ ਦਰ ਤੋਂ ਆਨੰਦ ਦਾ ਦਾਨ ਮੰਗਦਾ ਹਾਂ) ॥੩॥
39333	917	ਸਾਚਾ ਨਾਮੁ ਮੇਰਾ ਆਧਾਰੋ॥		Saachaa Naam Maeraa Aadhhaaro ||	The True Name is my only support.	(ਪ੍ਰਭੂ ਦੀ ਮੇਹਰ ਨਾਲ ਉਸ ਦਾ) ਸਦਾ-ਥਿਰ ਰਹਿਣ ਵਾਲਾ ਨਾਮ ਮੇਰੀ ਜ਼ਿੰਦਗੀ ਦਾ ਆਸਰਾ (ਬਣ ਗਿਆ) ਹੈ।
39334	917	ਸਾਚੁ ਨਾਮੁ ਅਧਾਰੁ ਮੇਰਾ ਜਿਨਿ ਭੁਖਾ ਸਭਿ ਗਵਾਈਆ॥		Saach Naam Adhhaar Maeraa Jin Bhukhaa Sabh Gavaaeeaa ||	The True Name is my only support; it satisfies all hunger.	ਉਹ ਸਦਾ ਕਾਇਮ ਰਹਿਣ ਵਾਲਾ ਨਾਮ ਮੇਰੀ ਜ਼ਿੰਦਗੀ ਦਾ ਆਸਰਾ ਬਣ ਗਿਆ) ਹੈ, ਜਿਸ (ਹਰਿ-ਨਾਮ) ਨੇ ਮੇਰੇ ਸਾਰੇ ਲਾਲਚ ਦੂਰ ਕਰ ਦਿੱਤੇ ਹਨ।

39335	917	ਕਰਿ ਸਾਂਤਿ ਸੁਖ ਮਨਿ ਆਇ ਵਸਿਆ ਜਿਨਿ ਇਛਾ ਸਭਿ ਪੁਜਾਈਆ॥		Kar Saanth Sukh Man Aae Vasiaa Jin Eishhaa Sabh Pujaaeeaa ||	It has brought peace and tranquility to my mind; it has fulfilled all my desires.	ਜੋ ਹਰਿ-ਨਾਮ (ਮੇਰੇ ਅੰਦਰ) ਸ਼ਾਂਤੀ ਤੇ ਸੁਖ ਪੈਦਾ ਕਰਕੇ ਮੇਰੇ ਮਨ ਵਿਚ ਆ ਟਿਕਿਆ ਹੈ, ਜਿਸ (ਹਰਿ-ਨਾਮ) ਨੇ ਮੇਰੇ ਮਨ ਦੀਆਂ ਸਾਰੀਆਂ ਕਾਮਨਾਂ ਪੂਰੀਆਂ ਕਰ ਦਿੱਤੀਆਂ ਹਨ।
39336	917	ਸਦਾ ਕੁਰਬਾਣੁ ਕੀਤਾ ਗੁਰੂ ਵਿਟਹੁ ਜਿਸ ਦੀਆ ਏਹਿ ਵਡਿਆਈਆ॥		Sadhaa Kurabaan Keethaa Guroo Vittahu Jis Dheeaa Eaehi Vaddiaaeeaa ||	I am forever a sacrifice to the Guru, who possesses such glorious greatness.	ਮੈਂ (ਆਪਣੇ ਆਪ ਨੂੰ) ਆਪਣੇ ਗੁਰੂ ਤੋਂ ਸਦਕੇ ਕਰਦਾ ਹਾਂ, ਕਿਉਂਕਿ ਇਹ ਸਾਰੀਆਂ ਬਰਕਤਾਂ ਗੁਰੂ ਦੀਆਂ ਹੀ ਹਨ।
39337	917	ਕਹੈ ਨਾਨਕੁ ਸੁਣਹੁ ਸੰਤਹੁ ਸਬਦਿ ਧਰਹੁ ਪਿਆਰੋ॥		Kehai Naanak Sunahu Santhahu Sabadh Dhharahu Piaaro ||	Says Nanak, listen, O Saints; enshrine love for the Shabad.	ਨਾਨਕ ਆਖਦਾ ਹੈ ਕਿ ਹੇ ਸੰਤ ਜਨੋ! (ਗੁਰੂ ਦਾ ਸ਼ਬਦ) ਸੁਣੋ, ਗੁਰੂ ਦੇ ਸ਼ਬਦ ਵਿਚ ਪਿਆਰ ਬਣਾਓ।
39338	917	ਸਾਚਾ ਨਾਮੁ ਮੇਰਾ ਆਧਾਰੋ॥੪॥		Saachaa Naam Maeraa Aadhhaaro ||4||	The True Name is my only support. ||4||	(ਸਤਿਗੁਰੂ ਦੀ ਮੇਹਰ ਨਾਲ ਹੀ ਪ੍ਰਭੂ ਦਾ) ਸਦਾ ਕਾਇਮ ਰਹਿਣ ਵਾਲਾ ਨਾਮ ਮੇਰੀ ਜ਼ਿੰਦਗੀ ਦਾ ਆਸਰਾ (ਬਣ ਗਿਆ) ਹੈ ॥੪॥
39339	917	ਵਾਜੇ ਪੰਚ ਸਬਦ ਤਿਤੁ ਘਰਿ ਸਭਾਗੈ॥		Vaajae Panch Sabadh Thith Ghar Sabhaagai ||	The Panch Shabad, the five primal sounds, vibrate in that blessed house.	ਉਸ ਭਾਗਾਂ ਵਾਲੇ (ਹਿਰਦੇ-) ਘਰ ਵਿਚ (ਮਾਨੋ) ਪੰਜ ਕਿਸਮਾਂ ਦੇ ਸਾਜ਼ਾਂ ਦੀਆਂ ਮਿਲਵੀਆਂ ਸੁਰਾਂ ਵੱਜ ਪੈਂਦੀਆਂ ਹਨ,

39340	917	ਘਰਿ ਸਭਾਗੈ ਸਬਦ ਵਾਜੇ ਕਲਾ ਜਿਤੁ ਘਰਿ ਧਾਰੀਆ॥		Ghar Sabhaagai Sabadh Vaajae Kalaa Jith Ghar Dhhaareeaa ||	In that blessed house, the Shabad vibrates; He infuses His almighty power into it.	ਜਿਸ (ਹਿਰਦੇ-) ਘਰ ਵਿਚ (ਹੇ ਪ੍ਰਭੂ! ਤੂੰ) ਸੱਤਿਆ ਪਾਈ ਹੈ, ਉਸ ਭਾਗਾਂ ਵਾਲੇ (ਹਿਰਦੇ-) ਘਰ ਵਿਚ (ਮਾਨੋ) ਪੰਜ ਕਿਸਮਾਂ ਦੇ ਸਾਜ਼ਾਂ ਦੀਆਂ ਮਿਲਵੀਆਂ ਸੁਰਾਂ ਵੱਜ ਪੈਂਦੀਆਂ ਹਨ (ਭਾਵ, ਉਸ ਹਿਰਦੇ ਵਿਚ ਪੂਰਨ ਆਨੰਦ ਬਣ ਜਾਂਦਾ ਹੈ),
39341	917	ਪੰਚ ਦੂਤ ਤੁਧੁ ਵਸਿ ਕੀਤੇ ਕਾਲੁ ਕੰਟਕੁ ਮਾਰਿਆ॥	ਵੱਸਿ	Panch Dhooth Thudhh Vas Keethae Kaal Kanttak Maariaa ||	Through You, we subdue the five demons of desire, and slay Death, the torturer.	(ਹੇ ਪ੍ਰਭੂ!) ਉਸ ਦੇ ਪੰਜੇ ਕਾਮਾਦਿਕ ਵੈਰੀ ਤੂੰ ਕਾਬੂ ਵਿਚ ਕਰ ਦੇਂਦਾ ਹੈਂ, ਤੇ ਡਰਾਣ ਵਾਲਾ ਕਾਲ (ਭਾਵ, ਮੌਤ ਦਾ ਡਰ) ਦੂਰ ਕਰ ਦੇਂਦਾ ਹੈਂ।
39342	917	ਧੁਰਿ ਕਰਮਿ ਪਾਇਆ ਤੁਧੁ ਜਿਨ ਕਉ ਸਿ ਨਾਮਿ ਹਰਿ ਕੈ ਲਾਗੇ॥		Dhhur Karam Paaeiaa Thudhh Jin Ko S Naam Har Kai Laagae ||	Those who have such pre-ordained destiny are attached to the Lord's Name.	ਪਰ ਸਿਰਫ਼ ਉਹੀ ਮਨੁੱਖ ਹਰਿ-ਨਾਮ ਵਿਚ ਜੁੜਦੇ ਹਨ ਜਿਨ੍ਹਾਂ ਦੇ ਭਾਗਾਂ ਵਿਚ ਤੂੰ ਧੁਰ ਤੋਂ ਹੀ ਆਪਣੀ ਮੇਹਰ ਨਾਲ (ਸਿਮਰਨ ਦਾ ਲੇਖ ਲਿਖ ਕੇ) ਰੱਖ ਦਿੱਤਾ ਹੈ।
39343	917	ਕਹੈ ਨਾਨਕੁ ਤਹ ਸੁਖੁ ਹੋਆ ਤਿਤੁ ਘਰਿ ਅਨਹਦ ਵਾਜੇ॥੫॥		Kehai Naanak Theh Sukh Hoaa Thith Ghar Anehadh Vaajae ||5||	Says Nanak, they are at peace, and the unstruck sound current vibrates within their homes. ||5||	ਨਾਨਕ ਆਖਦਾ ਹੈ ਕਿ ਉਸ ਹਿਰਦੇ-ਘਰ ਵਿਚ ਸੁਖ ਪੈਦਾ ਹੁੰਦਾ ਹੈ, ਉਸ ਹਿਰਦੇ ਵਿਚ (ਮਾਨੋ) ਇਕ-ਰਸ (ਵਾਜੇ) ਵੱਜਦੇ ਹਨ ॥੫॥

39344	917	ਸਾਚੀ ਲਿਵੈ ਬਿਨੁ ਦੇਹ ਨਿਮਾਣੀ॥		Saachee Livai Bin Dhaeh Nimaanee ||	Without the true love of devotion, the body is without honor.	ਸਦਾ-ਥਿਰ ਪ੍ਰਭੂ ਦੇ ਚਰਨਾਂ ਦੀ ਲਗਨ (ਦੇ ਆਨੰਦ) ਤੋਂ ਬਿਨਾ ਇਹ (ਮਨੁੱਖਾ) ਸਰੀਰ ਨਿਆਸਰਾ ਜੇਹਾ ਹੀ ਰਹਿੰਦਾ ਹੈ।
39345	917	ਦੇਹ ਨਿਮਾਣੀ ਲਿਵੈ ਬਾਝਹੁ ਕਿਆ ਕਰੇ ਵੇਚਾਰੀਆ॥		Dhaeh Nimaanee Livai Baajhahu Kiaa Karae Vaechaareeaa ||	The body is dishonored without devotional love; what can the poor wretches do?	ਪ੍ਰਭੂ-ਚਰਨਾਂ ਦੀ ਪ੍ਰੀਤ ਤੋਂ ਬਿਨਾ ਨਿਆਸਰਾ ਹੋਇਆ ਹੋਇਆ ਇਹ ਸਰੀਰ ਜੋ ਕੁਝ ਭੀ ਕਰਦਾ ਹੈ ਨਕਾਰੇ ਕੰਮ ਹੀ ਕਰਦਾ ਹੈ।
39346	917	ਤੁਧੁ ਬਾਝੁ ਸਮਰਥ ਕੋਇ ਨਾਹੀ ਕ੍ਰਿਪਾ ਕਰਿ ਬਨਵਾਰੀਆ॥	ਸਮਰੱਥ	Thudhh Baajh Samarathh Koe Naahee Kirapaa Kar Banavaareeaa ||	No one except You is all-powerful; please bestow Your Mercy, O Lord of all nature.	ਹੇ ਜਗਤ ਦੇ ਮਾਲਕ! ਤੂੰ ਹੀ ਕਿਰਪਾ ਕਰ! (ਤਾ ਕਿ ਇਹ ਗੁਰੂ ਦੇ ਸ਼ਬਦ ਵਿਚ ਲੱਗ ਕੇ ਸੁਧਰ ਜਾਏ) ਕੋਈ ਹੋਰ ਇਸ ਨੂੰ ਸੁਚੱਜੇ ਪਾਸੇ ਲਾਣ ਜੋਗਾ ਹੀ ਨਹੀਂ।
39347	917	ਏਸ ਨਉ ਹੋਰੁ ਥਾਉ ਨਾਹੀ ਸਬਦਿ ਲਾਗਿ ਸਵਾਰੀਆ॥		Eaes No Hor Thhaao Naahee Sabadh Laag Savaareeaa ||	There is no place of rest, other than the Name; attached to the Shabad, we are embellished with beauty.	ਤੈਥੋਂ ਬਿਨਾ ਕੋਈ ਹੋਰ ਥਾਂ ਨਹੀਂ ਜਿਥੇ ਇਹ ਸਰੀਰ ਸੁਚੱਜੇ ਪਾਸੇ ਲੱਗ ਸਕੇ। (ਤੇਰੀ ਕ੍ਰਿਪਾ ਨਾਲ ਹੀ) ਇਹ ਗੁਰੂ ਦੇ ਸ਼ਬਦ ਵਿਚ ਲੱਗ ਕੇ ਸੁਧਰ ਸਕਦਾ ਹੈ।

39348	917	ਕਹੈ ਨਾਨਕੁ ਲਿਵੈ ਬਾਝਹੁ ਕਿਆ ਕਰੇ ਵੇਚਾਰੀਆ॥੬॥		Kehai Naanak Livai Baajhahu Kiaa Karae Vaechaareeaa ||6||	Says Nanak, without devotional love, what can the poor wretches do? ||6||	ਨਾਨਕ ਆਖਦਾ ਹੈ ਕਿ ਪ੍ਰਭੂ-ਚਰਨਾਂ ਦੀ ਪ੍ਰੀਤ ਤੋਂ ਬਿਨਾ ਇਹ ਸਰੀਰ ਪਰ-ਅਧੀਨ (ਭਾਵ, ਮਾਇਆ ਦੇ ਪ੍ਰਭਾਵ ਹੇਠ) ਹੈ ਤੇ ਜੋ ਕੁਝ ਕਰਦਾ ਹੈ ਨਿਕੰਮਾ ਕੰਮ ਹੀ ਕਰਦਾ ਹੈ ॥੬॥
39349	917	ਆਨੰਦੁ ਆਨੰਦੁ ਸਭੁ ਕੋ ਕਹੈ ਆਨੰਦੁ ਗੁਰੂ ਤੇ ਜਾਣਿਆ॥		Aanandh Aanandh Sabh Ko Kehai Aanandh Guroo Thae Jaaniaa ||	Bliss, bliss - everyone talks of bliss; bliss is known only through the Guru.	ਆਖਣ ਨੂੰ ਤਾਂ ਹਰ ਕੋਈ ਆਖ ਦੇਂਦਾ ਹੈ ਕਿ ਮੈਨੂੰ ਆਨੰਦ ਪ੍ਰਾਪਤ ਹੋ ਗਿਆ ਹੈ, ਪਰ (ਅਸਲ) ਆਨੰਦ ਦੀ ਸੂਝ ਗੁਰੂ ਤੋਂ ਹੀ ਮਿਲਦੀ ਹੈ।
39350	917	ਜਾਣਿਆ ਆਨੰਦੁ ਸਦਾ ਗੁਰ ਤੇ ਕ੍ਰਿਪਾ ਕਰੇ ਪਿਆਰਿਆ॥		Jaaniaa Aanandh Sadhaa Gur Thae Kirapaa Karae Piaariaa ||	Eternal bliss in known only through the Guru, when the Beloved Lord grants His Grace.	ਹੇ ਪਿਆਰੇ ਭਾਈ! (ਅਸਲ) ਆਨੰਦ ਦੀ ਸੂਝ ਸਦਾ ਗੁਰੂ ਤੋਂ ਹੀ ਮਿਲਦੀ ਹੈ। (ਉਹ ਮਨੁੱਖ ਅਸਲ ਆਨੰਦ ਨਾਲ ਸਾਂਝ ਪਾਂਦਾ ਹੈ, ਜਿਸ ਉਤੇ ਗੁਰੂ) ਕਿਰਪਾ ਕਰਦਾ ਹੈ।
39351	917	ਕਰਿ ਕਿਰਪਾ ਕਿਲਵਿਖ ਕਟੇ ਗਿਆਨ ਅੰਜਨੁ ਸਾਰਿਆ॥		Kar Kirapaa Kilavikh Kattae Giaan Anjan Saariaa ||	Granting His Grace, He cuts away our sins; He blesses us with the healing ointment of spiritual wisdom.	ਗੁਰੂ ਮੇਹਰ ਕਰ ਕੇ (ਉਸ ਦੇ) (ਅੰਦਰੋਂ) ਪਾਪ ਕੱਟ ਦੇਂਦਾ ਹੈ, ਤੇ (ਉਸ ਦੀਆਂ ਵਿਚਾਰ-ਅੱਖਾਂ ਵਿਚ) ਆਤਮਕ ਜੀਵਨ ਦੀ ਸੂਝ ਦਾ ਸੁਰਮਾ ਪਾਂਦਾ ਹੈ।

39352	917	ਅੰਦਰਹੁ ਜਿਨ ਕਾ ਮੋਹੁ ਤੁਟਾ ਤਿਨ ਕਾ ਸਬਦੁ ਸਚੈ ਸਵਾਰਿਆ॥		Andharahu Jin Kaa Mohu Thuttaa Thin Kaa Sabadh Sachai Savaariaa ||	Those who eradicate attachment from within themselves, are adorned with the Shabad, the Word of the True Lord.	ਜਿਨ੍ਹਾਂ ਮਨੁੱਖਾਂ ਦੇ ਮਨ ਵਿਚੋਂ ਮਾਇਆ ਦਾ ਮੋਹ ਮੁੱਕ ਜਾਂਦਾ ਹੈ, ਅਕਾਲ ਪੁਰਖ ਉਹਨਾਂ ਦਾ ਬੋਲ ਹੀ ਸੁਚੱਜਾ ਮਿੱਠਾ ਕਰ ਦੇਂਦਾ ਹੈ।
39353	917	ਕਹੈ ਨਾਨਕੁ ਏਹੁ ਅਨੰਦੁ ਹੈ ਆਨੰਦੁ ਗੁਰ ਤੇ ਜਾਣਿਆ॥੭॥		Kehai Naanak Eaehu Anandh Hai Aanandh Gur Thae Jaaniaa ||7||	Says Nanak, this alone is bliss - bliss which is known through the Guru. ||7||	ਨਾਨਕ ਆਖਦਾ ਹੈ ਕਿ ਅਸਲ ਆਨੰਦ ਇਹੀ ਹੈ, ਤੇ ਇਹ ਆਨੰਦ ਗੁਰੂ ਤੋਂ ਹੀ ਸਮਝਿਆ ਜਾ ਸਕਦਾ ਹੈ ॥੭॥
39354	918	ਬਾਬਾ ਜਿਸੁ ਤੂ ਦੇਹਿ ਸੋਈ ਜਨੁ ਪਾਵੈ॥		Baabaa Jis Thoo Dhaehi Soee Jan Paavai ||	O Baba, he alone receives it, unto whom You give it.	ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ (ਆਤਮਕ ਆਨੰਦ ਦੀ ਦਾਤਿ) ਦੇਂਦਾ ਹੈਂ ਉਹ ਪ੍ਰਾਪਤ ਕਰਦਾ ਹੈ।
39355	918	ਪਾਵੈ ਤ ਸੋ ਜਨੁ ਦੇਹਿ ਜਿਸ ਨੋ ਹੋਰਿ ਕਿਆ ਕਰਹਿ ਵੇਚਾਰਿਆ॥		Paavai Th So Jan Dhaehi Jis No Hor Kiaa Karehi Vaechaariaa ||	He alone receives it, unto whom You give it; what can the other poor wretched beings do?	ਉਹੀ ਮਨੁੱਖ (ਇਸ ਦਾਤ ਨੂੰ) ਮਾਣਦਾ ਹੈ ਜਿਸ ਨੂੰ ਤੂੰ ਦਿੰਦਾ ਹੈਂ, ਹੋਰਨਾਂ ਵਿਚਾਰਿਆਂ ਦੀ (ਮਾਇਆ ਦੇ ਹੜ੍ਹ ਅੱਗੇ) ਕੋਈ ਪੇਸ਼ ਨਹੀਂ ਜਾਂਦੀ।

39356	918	ਇਕਿ ਭਰਮਿ ਭੂਲੇ ਫਿਰਹਿ ਦਹ ਦਿਸਿ ਇਕਿ ਨਾਮਿ ਲਾਗਿ ਸਵਾਰਿਆ॥		Eik Bharam Bhoolae Firehi Dheh Dhis Eik Naam Laag Savaariaa ||	Some are deluded by doubt, wandering in the ten directions; some are adorned with attachment to the Naam.	ਕਈ ਬੰਦੇ (ਮਾਇਆ ਦੀ) ਭਟਕਣਾ ਵਿਚ (ਅਸਲ ਰਸਤੇ ਤੋਂ) ਭੁੱਲੇ ਹੋਏ ਦਸੀਂ ਪਾਸੀਂ ਦੌੜਦੇ ਫਿਰਦੇ ਹਨ, ਕਈ (ਭਾਗਾਂ ਵਾਲਿਆਂ ਨੂੰ) ਤੂੰ ਆਪਣੇ ਨਾਮ ਵਿਚ ਜੋੜ ਕੇ (ਉਹਨਾਂ ਦਾ ਜਨਮ) ਸਵਾਰ ਦੇਂਦਾ ਹੈਂ।
39357	918	ਗੁਰ ਪਰਸਾਦੀ ਮਨੁ ਭਇਆ ਨਿਰਮਲੁ ਜਿਨਾ ਭਾਣਾ ਭਾਵਏ॥	ਭਾ-ਵਏ	Gur Parasaadhee Man Bhaeiaa Niramal Jinaa Bhaanaa Bhaaveae ||	By Guru's Grace, the mind becomes immaculate and pure, for those who follow God's Will.	(ਇਸ ਤਰ੍ਹਾਂ ਤੇਰੀ ਮੇਹਰ ਨਾਲ) ਜਿਨ੍ਹਾਂ ਨੂੰ ਤੇਰੀ ਰਜ਼ਾ ਪਿਆਰੀ ਲੱਗਣ ਲੱਗ ਪੈਂਦੀ ਹੈ, ਗੁਰੂ ਦੀ ਕਿਰਪਾ ਨਾਲ ਉਹਨਾਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ (ਤੇ ਉਹ ਆਤਮਕ ਆਨੰਦ ਮਾਣਦੇ ਹਨ,
39358	918	ਕਹੈ ਨਾਨਕੁ ਜਿਸੁ ਦੇਹਿ ਪਿਆਰੇ ਸੋਈ ਜਨੁ ਪਾਵਏ॥੮॥	ਪਾ-ਵਏ	Kehai Naanak Jis Dhaehi Piaarae Soee Jan Paaveae ||8||	Says Nanak, he alone receives it, unto whom You give it, O Beloved Lord. ||8||	(ਪਰ) ਨਾਨਕ ਆਖਦਾ ਹੈ ਕਿ (ਹੇ ਪ੍ਰਭੂ!) ਜਿਸ ਨੂੰ ਤੂੰ (ਆਤਮਕ ਆਨੰਦ ਦੀ ਦਾਤਿ) ਬਖ਼ਸ਼ਦਾ ਹੈਂ ਉਹੀ ਇਸ ਨੂੰ ਮਾਣ ਸਕਦਾ ਹੈ ॥੮॥
39359	918	ਆਵਹੁ ਸੰਤ ਪਿਆਰਿਹੋ ਅਕਥ ਕੀ ਕਰਹ ਕਹਾਣੀ॥	ਅ-ਕਥ:ਪੋਲਾ ਬੋਲੋ	Aavahu Santh Piaariho Akathh Kee Kareh Kehaanee ||	Come, Beloved Saints, let us speak the Unspoken Speech of the Lord.	ਹੇ ਪਿਆਰੇ ਸੰਤ ਜਨੋ! ਆਓ, ਅਸੀਂ (ਰਲ ਕੇ) ਬੇਅੰਤ ਗੁਣਾਂ ਵਾਲੇ ਪਰਮਾਤਮਾ ਦੀਆਂ ਸਿਫ਼ਤ-ਸਾਲਾਹ ਦੀਆਂ ਗੱਲਾਂ ਕਰੀਏ,

39360	918	ਕਰਹ ਕਹਾਣੀ ਅਕਥ ਕੇਰੀ ਕਿਤੁ ਦੁਆਰੈ ਪਾਈਐ॥	ਅ-ਕਥ:ਪੋਲਾ ਬੋਲੋ	Kareh Kehaanee Akathh Kaeree Kith Dhuaarai Paaeeai ||	How can we speak the Unspoken Speech of the Lord? Through which door will we find Him?	ਉਸ ਪ੍ਰਭੂ ਦੀਆਂ ਕਹਾਣੀਆਂ ਸੁਣੀਏ ਸੁਣਾਈਏ ਜਿਸ ਦੇ ਗੁਣ ਬਿਆਨ ਤੋਂ ਪਰੇ ਹਨ। (ਪਰ ਜੇ ਤੁਸੀ ਪੁੱਛੋ ਕਿ) ਉਹ ਪ੍ਰਭੂ ਕਿਸ ਤਰੀਕੇ ਨਾਲ ਮਿਲਦਾ ਹੈ?
39361	918	ਤਨੁ ਮਨੁ ਧਨੁ ਸਭੁ ਸਉਪਿ ਗੁਰ ਕਉ ਹੁਕਮਿ ਮੰਨਿਐ ਪਾਈਐ॥		Than Man Dhhan Sabh Soup Gur Ko Hukam Manniai Paaeeai ||	Surrender body, mind, wealth, and everything to the Guru; obey the Order of His Will, and you will find Him.	(ਤਾਂ ਉੱਤਰ ਇਹ ਹੈ ਕਿ ਆਪਣਾ ਆਪ ਮਾਇਆ ਦੇ ਹਵਾਲੇ ਕਰਨ ਦੇ ਥਾਂ) ਆਪਣਾ ਤਨ ਮਨ ਧਨ ਸਭ ਕੁਝ ਗੁਰੂ ਦੇ ਹਵਾਲੇ ਕਰੋ (ਇਸ ਤਰ੍ਹਾਂ) ਜੇ ਗੁਰੂ ਦਾ ਹੁਕਮ ਮਿੱਠਾ ਲੱਗਣ ਲੱਗ ਪਏ ਤਾਂ ਪਰਮਾਤਮਾ ਮਿਲ ਪੈਂਦਾ ਹੈ।
39362	918	ਹੁਕਮੁ ਮੰਨਿਹੁ ਗੁਰੂ ਕੇਰਾ ਗਾਵਹੁ ਸਚੀ ਬਾਣੀ॥		Hukam Mannihu Guroo Kaeraa Gaavahu Sachee Baanee ||	Obey the Hukam of the Guru's Command, and sing the True Word of His Bani.	(ਸੋ, ਸੰਤ ਜਨੋ!) ਗੁਰੂ ਦੇ ਹੁਕਮ ਉੱਤੇ ਤੁਰੋ ਤੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਗਾਇਆ ਕਰੋ।
39363	918	ਕਹੈ ਨਾਨਕੁ ਸੁਣਹੁ ਸੰਤਹੁ ਕਥਿਹੁ ਅਕਥ ਕਹਾਣੀ॥੯॥	ਅ-ਕਥ:ਪੋਲਾ ਬੋਲੋ	Kehai Naanak Sunahu Santhahu Kathhihu Akathh Kehaanee ||9||	Says Nanak, listen, O Saints, and speak the Unspoken Speech of the Lord. ||9||	ਨਾਨਕ ਆਖਦਾ ਹੈ ਕਿ ਹੇ ਸੰਤ ਜਨੋ ਸੁਣੋ, (ਉਸ ਨੂੰ ਮਿਲਣ ਦਾ ਅਤੇ ਆਤਮਕ ਆਨੰਦ ਮਾਣਨ ਦਾ ਸਹੀ ਰਸਤਾ ਇਹੀ ਹੈ ਕਿ) ਉਸ ਅਕੱਥ ਪ੍ਰਭੂ ਦੀਆਂ ਕਹਾਣੀਆਂ ਕਰਿਆ ਕਰੋ ॥੯॥

39364	918	ਏ ਮਨ ਚੰਚਲਾ ਚਤੁਰਾਈ ਕਿਨੈ ਨ ਪਾਇਆ॥		Eae Man Chanchalaa Chathuraaee Kinai N Paaeiaa ||	O fickle mind, through cleverness, no one has found the Lord.	ਹੇ ਚੰਚਲ ਮਨ! ਚਲਾਕੀਆਂ ਨਾਲ ਕਿਸੇ ਨੇ ਭੀ (ਆਤਮਕ ਆਨੰਦ) ਹਾਸਲ ਨਹੀਂ ਕੀਤਾ।
39365	918	ਚਤੁਰਾਈ ਨ ਪਾਇਆ ਕਿਨੈ ਤੂ ਸੁਣਿ ਮੰਨ ਮੇਰਿਆ॥		Chathuraaee N Paaeiaa Kinai Thoo Sun Mann Maeriaa ||	Through cleverness, no one has found Him; listen, O my mind.	ਹੇ ਮੇਰੇ ਮਨ! ਤੂੰ (ਧਿਆਨ ਨਾਲ) ਸੁਣ ਲੈ ਕਿ ਕਿਸੇ ਜੀਵ ਨੇ ਭੀ ਚਤੁਰਾਈ ਨਾਲ (ਪਰਮਾਤਮਾ ਦੇ ਮਿਲਾਪ ਦਾ ਆਨੰਦ) ਪ੍ਰਾਪਤ ਨਹੀਂ ਕੀਤਾ।
39366	918	ਏਹ ਮਾਇਆ ਮੋਹਣੀ ਜਿਨਿ ਏਤੁ ਭਰਮਿ ਭੁਲਾਇਆ॥		Eaeh Maaeiaa Mohanee Jin Eaeth Bharam Bhulaaeiaa ||	This Maya is so fascinating; because of it, people wander in doubt.	(ਅੰਦਰੋਂ ਮੋਹਣੀ ਮਾਇਆ ਵਿਚ ਭੀ ਫਸਿਆ ਰਹੇ, ਤੇ, ਬਾਹਰੋਂ ਨਿਰੀਆਂ ਗੱਲਾਂ ਨਾਲ ਆਤਮਕ ਆਨੰਦ ਚਾਹੇ, ਇਹ ਨਹੀਂ ਹੋ ਸਕਦਾ)। ਇਹ ਮਾਇਆ ਜੀਵਾਂ ਨੂੰ ਆਪਣੇ ਮੋਹ ਵਿਚ ਫਸਾਣ ਲਈ ਬੜੀ ਡਾਢੀ ਹੈ, ਇਸ ਨੇ ਇਸ ਭੁਲੇਖੇ ਵਿਚ ਪਾਇਆ ਹੋਇਆ ਹੈ ਕਿ ਮੋਹ ਮਿੱਠੀ ਚੀਜ਼ ਹੈ, ਇਸ ਤਰ੍ਹਾਂ ਕੁਰਾਹੇ ਪਾਈ ਰੱਖਦੀ ਹੈ।
39367	918	ਮਾਇਆ ਤ ਮੋਹਣੀ ਤਿਨੈ ਕੀਤੀ ਜਿਨਿ ਠਗਉਲੀ ਪਾਈਆ॥	ਠ-ਗਉਲੀ	Maaeiaa Th Mohanee Thinai Keethee Jin Thagoulee Paaeeaa ||	This fascinating Maya was created by the One who has administered this potion.	(ਪਰ ਜੀਵ ਦੇ ਭੀ ਕੀਹ ਵੱਸ?) ਜਿਸ ਪ੍ਰਭੂ ਨੇ ਮਾਇਆ ਦੇ ਮੋਹ ਦੀ ਠਗਬੂਟੀ (ਜੀਵਾਂ ਨੂੰ) ਚੰਬੋੜੀ ਹੈ ਉਸੇ ਨੇ ਇਹ ਮੋਹਣੀ ਮਾਇਆ ਪੈਦਾ ਕੀਤੀ ਹੈ।

39368	918	ਕੁਰਬਾਣੁ ਕੀਤਾ ਤਿਸੈ ਵਿਟਹੁ ਜਿਨਿ ਮੋਹੁ ਮੀਠਾ ਲਾਇਆ॥		Kurabaan Keethaa Thisai Vittahu Jin Mohu Meethaa Laaeiaa ||	I am a sacrifice to the One who has made emotional attachment sweet.	(ਸੋ, ਹੇ ਮੇਰੇ ਮਨ! ਆਪਣੇ ਆਪ ਨੂੰ ਮਾਇਆ ਤੋਂ ਸਦਕੇ ਕਰਨ ਦੇ ਥਾਂ) ਉਸ ਪ੍ਰਭੂ ਤੋਂ ਹੀ ਸਦਕੇ ਕਰੋ ਜਿਸ ਨੇ ਮਿੱਠਾ ਮੋਹ ਲਾਇਆ ਹੈ (ਤਦੋਂ ਹੀ ਇਹ ਮਿੱਠਾ ਮੋਹ ਮੁੱਕਦਾ ਹੈ)।
39369	918	ਕਹੈ ਨਾਨਕੁ ਮਨ ਚੰਚਲ ਚਤੁਰਾਈ ਕਿਨੈ ਨ ਪਾਇਆ॥੧੦॥		Kehai Naanak Man Chanchal Chathuraaee Kinai N Paaeiaa ||10||	Says Nanak, O fickle mind, no one has found Him through cleverness. ||10||	ਨਾਨਕ ਆਖਦਾ ਹੈ ਕਿ ਹੇ (ਮੇਰੇ) ਚੰਚਲ ਮਨ! ਚਤੁਰਾਈਆਂ ਨਾਲ ਕਿਸੇ ਨੇ (ਪਰਮਾਤਮਾ ਦੇ ਮਿਲਾਪ ਦਾ ਆਤਮਕ ਆਨੰਦ) ਨਹੀਂ ਲੱਭਾ ॥੧੦॥
39370	918	ਏ ਮਨ ਪਿਆਰਿਆ ਤੂ ਸਦਾ ਸਚੁ ਸਮਾਲੇ॥		Eae Man Piaariaa Thoo Sadhaa Sach Samaalae ||	O beloved mind, contemplate the True Lord forever.	ਹੇ ਪਿਆਰੇ ਮਨ! (ਜੇ ਤੂੰ ਸਦਾ ਦਾ ਆਤਮਕ ਆਨੰਦ ਲੋੜਦਾ ਹੈਂ ਤਾਂ) ਸਦਾ ਸੱਚੇ ਪ੍ਰਭੂ ਨੂੰ (ਆਪਣੇ ਅੰਦਰ) ਸੰਭਾਲ ਰੱਖ!
39371	918	ਏਹੁ ਕੁਟੰਬੁ ਤੂ ਜਿ ਦੇਖਦਾ ਚਲੈ ਨਾਹੀ ਤੇਰੈ ਨਾਲੇ॥		Eaehu Kuttanb Thoo J Dhaekhadhaa Chalai Naahee Thaerai Naalae ||	This family which you see shall not go along with you.	ਇਹ ਜੇਹੜਾ ਪਰਵਾਰ ਤੂੰ ਵੇਖਦਾ ਹੈਂ, ਇਸ ਨੇ ਤੇਰੇ ਨਾਲ ਨਹੀਂ ਨਿਭਣਾ।
39372	918	ਸਾਥਿ ਤੇਰੈ ਚਲੈ ਨਾਹੀ ਤਿਸੁ ਨਾਲਿ ਕਿਉ ਚਿਤੁ ਲਾਈਐ॥		Saathh Thaerai Chalai Naahee This Naal Kio Chith Laaeeai ||	They shall not go along with you, so why do you focus your attention on them?	ਇਸ ਪਰਵਾਰ ਦੇ ਮੋਹ ਵਿਚ ਕਿਉਂ ਫਸਦਾ ਹੈਂ? ਇਸ ਨੇ ਤੇਰੇ ਨਾਲ ਤੋੜ ਸਦਾ ਦਾ ਸਾਥ ਨਹੀਂ ਨਿਬਾਹ ਸਕਣਾ।

39373	918	ਐਸਾ ਕੰਮੁ ਮੂਲੇ ਨ ਕੀਚੈ ਜਿਤੁ ਅੰਤਿ ਪਛੋਤਾਈਐ॥		Aisaa Kanm Moolae N Keechai Jith Anth Pashhothaaeeai ||	Don't do anything that you will regret in the end.	ਜਿਸ ਕੰਮ ਦੇ ਕੀਤਿਆਂ ਆਖ਼ਰ ਹੱਥ ਮਲਣੇ ਪੈਣ, ਉਹ ਕੰਮ ਕਦੇ ਭੀ ਕਰਨਾ ਨਹੀਂ ਚਾਹੀਦਾ।
39374	918	ਸਤਿਗੁਰੂ ਕਾ ਉਪਦੇਸੁ ਸੁਣਿ ਤੂ ਹੋਵੈ ਤੇਰੈ ਨਾਲੇ॥		Sathiguroo Kaa Oupadhaes Sun Thoo Hovai Thaerai Naalae ||	Listen to the Teachings of the True Guru - these shall go along with you.	ਸਤਿਗੁਰੂ ਦੀ ਸਿੱਖਿਆ (ਗਹੁ ਨਾਲ) ਸੁਣ, ਇਹ ਗੁਰ-ਉਪਦੇਸ਼ ਸਦਾ ਚੇਤੇ ਰੱਖਣਾ ਚਾਹੀਦਾ ਹੈ।
39375	918	ਕਹੈ ਨਾਨਕੁ ਮਨ ਪਿਆਰੇ ਤੂ ਸਦਾ ਸਚੁ ਸਮਾਲੇ॥੧੧॥		Kehai Naanak Man Piaarae Thoo Sadhaa Sach Samaalae ||11||	Says Nanak, O beloved mind, contemplate the True Lord forever. ||11||	ਨਾਨਕ ਆਖਦਾ ਹੈ ਕਿ ਹੇ ਪਿਆਰੇ ਮਨ! (ਜੇ ਤੂੰ ਆਨੰਦ ਲੋੜਦਾ ਹੈਂ ਤਾਂ) ਸਦਾ-ਥਿਰ ਪਰਮਾਤਮਾ ਨੂੰ ਹਰ ਵੇਲੇ (ਆਪਣੇ ਅੰਦਰ) ਸਾਂਭ ਕੇ ਰੱਖ ॥੧੧॥
39376	918	ਅਗਮ ਅਗੋਚਰਾ ਤੇਰਾ ਅੰਤੁ ਨ ਪਾਇਆ॥		Agam Agocharaa Thaeraa Anth N Paaeiaa ||	O inaccessible and unfathomable Lord, Your limits cannot be found.	(ਹੇ ਪਿਆਰੇ ਮਨ! ਸਦਾ ਪ੍ਰਭੂ ਨੂੰ ਆਪਣੇ ਅੰਦਰ ਸੰਭਾਲ ਰੱਖ, ਤੇ ਉਸ ਦੇ ਅੱਗੇ ਇਉਂ ਅਰਜ਼ੋਈ ਕਰ-) ਹੇ ਅਪਹੁੰਚ ਹਰੀ! ਹੇ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਰਹਿਣ ਵਾਲੇ ਪ੍ਰਭੂ! (ਤੇਰੇ ਗੁਣਾਂ ਦਾ) ਕਿਸੇ ਨੇ ਅੰਤ ਨਹੀਂ ਲੱਭਾ।
39377	918	ਅੰਤੋ ਨ ਪਾਇਆ ਕਿਨੈ ਤੇਰਾ ਆਪਣਾ ਆਪੁ ਤੂ ਜਾਣਹੇ॥	ਜਾਣ-ਹੇ	Antho N Paaeiaa Kinai Thaeraa Aapanaa Aap Thoo Jaanehae ||	No one has found Your limits; only You Yourself know.	ਆਪਣੇ (ਅਸਲ) ਸਰੂਪ ਨੂੰ ਤੂੰ ਆਪ ਹੀ ਜਾਣਦਾ ਹੈਂ, ਹੋਰ ਕੋਈ ਜੀਵ ਤੇਰੇ ਗੁਣਾਂ ਦਾ ਅਖ਼ੀਰ ਨਹੀਂ ਲੱਭ ਸਕਦਾ।

39378	918	ਜੀਅ ਜੰਤ ਸਭਿ ਖੇਲੁ ਤੇਰਾ ਕਿਆ ਕੋ ਆਖਿ ਵਖਾਣਏ॥	ਵਖਾਣ-ਏ	Jeea Janth Sabh Khael Thaeraa Kiaa Ko Aakh Vakhaaneae ||	All living beings and creatures are Your play; how can anyone describe You?	ਕੋਈ ਹੋਰ ਜੀਵ (ਤੇਰੇ ਗੁਣਾਂ ਨੂੰ) ਆਖ ਕੇ ਬਿਆਨ ਕਰੇ ਭੀ ਕਿਸ ਤਰ੍ਹਾਂ? ਇਹ ਸਾਰੇ ਜੀਵ (ਤਾਂ) ਤੇਰਾ ਹੀ ਰਚਿਆ ਹੋਇਆ ਇਕ ਖੇਲ ਹੈ।
39379	918	ਆਖਹਿ ਤ ਵੇਖਹਿ ਸਭੁ ਤੂਹੈ ਜਿਨਿ ਜਗਤੁ ਉਪਾਇਆ॥	ਜੱਗਤੁ	Aakhehi Th Vaekhehi Sabh Thoohai Jin Jagath Oupaaeiaa ||	You speak, and You gaze upon all; You created the Universe.	ਹਰੇਕ ਜੀਵ ਵਿਚ ਤੂੰ ਆਪ ਹੀ ਬੋਲਦਾ ਹੈਂ, ਹਰੇਕ ਜੀਵ ਦੀ ਤੂੰ ਆਪ ਹੀ ਸੰਭਾਲ ਕਰਦਾ ਹੈਂ (ਤੂੰ ਹੀ ਕਰਦਾ ਹੈਂ) ਜਿਸ ਨੇ ਇਹ ਸੰਸਾਰ ਪੈਦਾ ਕੀਤਾ ਹੈ।
39380	918	ਕਹੈ ਨਾਨਕੁ ਤੂ ਸਦਾ ਅਗੰਮੁ ਹੈ ਤੇਰਾ ਅੰਤੁ ਨ ਪਾਇਆ॥੧੨॥		Kehai Naanak Thoo Sadhaa Aganm Hai Thaeraa Anth N Paaeiaa ||12||	Says Nanak, You are forever inaccessible; Your limits cannot be found. ||12||	ਨਾਨਕ ਆਖਦਾ ਹੈ ਕਿ (ਹੇ ਮੇਰੇ ਪਿਆਰੇ ਮਨ! ਪ੍ਰਭੂ ਅੱਗੇ ਇਉਂ ਅਰਜ਼ੋਈ ਕਰ-) ਤੂੰ ਸਦਾ ਅਪਹੁੰਚ ਹੈਂ, (ਕਿਸੇ ਜੀਵ ਨੇ ਤੇਰੇ ਗੁਣਾਂ ਦਾ ਕਦੇ) ਅੰਤ ਨਹੀਂ ਲੱਭਾ ॥੧੨॥
39381	918	ਸੁਰਿ ਨਰ ਮੁਨਿ ਜਨ ਅੰਮ੍ਰਿਤੁ ਖੋਜਦੇ ਸੁ ਅੰਮ੍ਰਿਤੁ ਗੁਰ ਤੇ ਪਾਇਆ॥		Sur Nar Mun Jan Anmrith Khojadhae S Anmrith Gur Thae Paaeiaa ||	The angelic beings and the silent sages search for the Ambrosial Nectar; this Amrit is obtained from the Guru.	(ਆਤਮਕ ਆਨੰਦ ਇਕ ਐਸਾ) ਅੰਮ੍ਰਿਤ (ਹੈ ਜਿਸ) ਨੂੰ ਦੇਵਤੇ ਮਨੁੱਖ ਮੁਨੀ ਲੋਕ ਲੱਭਦੇ ਫਿਰਦੇ ਹਨ, (ਪਰ) ਇਹ ਅੰਮ੍ਰਿਤ ਗੁਰੂ ਤੋਂ ਹੀ ਮਿਲਦਾ ਹੈ।

39382	918	ਪਾਇਆ ਅੰਮ੍ਰਿਤੁ ਗੁਰਿ ਕ੍ਰਿਪਾ ਕੀਨੀ ਸਚਾ ਮਨਿ ਵਸਾਇਆ॥		Paaeiaa Anmrith Gur Kirapaa Keenee Sachaa Man Vasaaeiaa ||	This Amrit is obtained, when the Guru grants His Grace; He enshrines the True Lord within the mind.	ਜਿਸ ਮਨੁੱਖ ਉੱਤੇ ਗੁਰੂ ਨੇ ਮੇਹਰ ਕੀਤੀ ਉਸ ਨੇ (ਇਹ) ਅੰਮ੍ਰਿਤ ਪ੍ਰਾਪਤ ਕਰ ਲਿਆ (ਕਿਉਂਕਿ) ਉਸ ਨੇ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਆਪਣੇ ਮਨ ਵਿਚ ਟਿਕਾ ਲਿਆ।
39383	918	ਜੀਅ ਜੰਤ ਸਭਿ ਤੁਧੁ ਉਪਾਏ ਇਕਿ ਵੇਖਿ ਪਰਸਣਿ ਆਇਆ॥		Jeea Janth Sabh Thudhh Oupaaeae Eik Vaekh Parasan Aaeiaa ||	All living beings and creatures were created by You; only some come to see the Guru, and seek His blessing.	ਹੇ ਪ੍ਰਭੂ! ਸਾਰੇ ਜੀਅ ਜੰਤ ਤੂੰ ਹੀ ਪੈਦਾ ਕੀਤੇ ਹਨ (ਤੂੰ ਹੀ ਇਹਨਾਂ ਨੂੰ ਪ੍ਰੇਰਦਾ ਹੈਂ, ਤੇਰੀ ਪ੍ਰੇਰਨਾ ਨਾਲ ਹੀ) ਕਈ ਜੀਵ (ਗੁਰੂ ਦਾ) ਦੀਦਾਰ ਕਰ ਕੇ (ਉਸ ਦੇ) ਚਰਨ ਛੁਹਣ ਆਉਂਦੇ ਹਨ,
39384	918	ਲਬੁ ਲੋਭੁ ਅਹੰਕਾਰੁ ਚੂਕਾ ਸਤਿਗੁਰੂ ਭਲਾ ਭਾਇਆ॥		Lab Lobh Ahankaar Chookaa Sathiguroo Bhalaa Bhaaeiaa ||	Their greed, avarice and egotism are dispelled, and the True Guru seems sweet.	ਸਤਿਗੁਰੂ ਉਹਨਾਂ ਨੂੰ ਪਿਆਰਾ ਲੱਗਦਾ ਹੈ (ਸਤਿਗੁਰੂ ਦੀ ਕਿਰਪਾ ਨਾਲ ਉਹਨਾਂ ਦਾ) ਲੱਬ ਲੋਭ ਤੇ ਅਹੰਕਾਰ ਦੂਰ ਹੋ ਜਾਂਦਾ ਹੈ।
39385	918	ਕਹੈ ਨਾਨਕੁ ਜਿਸ ਨੋ ਆਪਿ ਤੁਠਾ ਤਿਨਿ ਅੰਮ੍ਰਿਤੁ ਗੁਰ ਤੇ ਪਾਇਆ॥੧੩॥		Kehai Naanak Jis No Aap Thuthaa Thin Anmrith Gur Thae Paaeiaa ||13||	Says Nanak, those with whom the Lord is pleased, obtain the Amrit, through the Guru. ||13||	ਨਾਨਕ ਆਖਦਾ ਹੈ ਕਿ ਪ੍ਰਭੂ ਜਿਸ ਮਨੁੱਖ ਉਤੇ ਪ੍ਰਸੰਨ ਹੁੰਦਾ ਹੈ, ਉਸ ਮਨੁੱਖ ਨੇ (ਆਤਮਕ ਆਨੰਦ-ਰੂਪ) ਅੰਮ੍ਰਿਤ ਗੁਰੂ ਤੋਂ ਪ੍ਰਾਪਤ ਕਰ ਲਿਆ ਹੈ ॥੧੩॥

39386	918	ਭਗਤਾ ਕੀ ਚਾਲ ਨਿਰਾਲੀ॥		Bhagathaa Kee Chaal Niraalee ||	The lifestyle of the devotees is unique and distinct.	(ਜੇਹੜੇ ਸੁਭਾਗ ਬੰਦੇ ਆਤਮਕ ਆਨੰਦ ਮਾਣਦੇ ਹਨ ਉਹੀ ਭਗਤ ਹਨ ਤੇ ਉਹਨਾਂ) ਭਗਤਾਂ ਦੀ ਜੀਵਨ-ਜੁਗਤੀ (ਦੁਨੀਆ ਦੇ ਲੋਕਾਂ ਨਾਲੋਂ ਸਦਾ) ਵੱਖਰੀ ਹੁੰਦੀ ਹੈ,
39387	918	ਚਾਲਾ ਨਿਰਾਲੀ ਭਗਤਾਹ ਕੇਰੀ ਬਿਖਮ ਮਾਰਗਿ ਚਲਣਾ॥		Chaalaa Niraalee Bhagathaah Kaeree Bikham Maarag Chalanaa ||	The devotees' lifestyle is unique and distinct; they follow the most difficult path.	(ਇਹ ਪੱਕੀ ਗੱਲ ਹੈ ਕਿ ਉਹਨਾਂ) ਭਗਤਾਂ ਦੀ ਜੀਵਨ-ਜੁਗਤੀ (ਹੋਰਨਾਂ ਨਾਲੋਂ) ਵੱਖਰੀ ਹੁੰਦੀ ਹੈ। ਉਹ (ਬੜੇ) ਔਖੇ ਰਸਤੇ ਉਤੇ ਤੁਰਦੇ ਹਨ।
39388	918	ਲਬੁ ਲੋਭੁ ਅਹੰਕਾਰੁ ਤਜਿ ਤ੍ਰਿਸਨਾ ਬਹੁਤੁ ਨਾਹੀ ਬੋਲਣਾ॥		Lab Lobh Ahankaar Thaj Thrisanaa Bahuth Naahee Bolanaa ||	They renounce greed, avarice, egotism and desire; they do not talk too much.	ਉਹ ਲੱਬ ਲੋਭ ਅਹੰਕਾਰ ਤੇ ਮਾਇਆ ਦੀ ਤ੍ਰਿਸ਼ਨਾ ਤਿਆਗਦੇ ਹਨ ਤੇ ਬਹੁਤਾ ਨਹੀਂ ਬੋਲਦੇ (ਭਾਵ, ਆਪਣੀ ਸੋਭਾ ਨਹੀਂ ਕਰਦੇ ਫਿਰਦੇ)।
39389	918	ਖੰਨਿਅਹੁ ਤਿਖੀ ਵਾਲਹੁ ਨਿਕੀ ਏਤੁ ਮਾਰਗਿ ਜਾਣਾ॥		Khanniahu Thikhee Vaalahu Nikee Eaeth Maarag Jaanaa ||	The path they take is sharper than a two-edged sword, and finer than a hair.	ਇਸ ਰਸਤੇ ਉਤੇ ਤੁਰਨਾ (ਬੜੀ ਔਖੀ ਖੇਡ ਹੈ ਕਿਉਂਕਿ ਇਹ ਰਸਤਾ) ਖੰਡੇ ਦੀ ਧਾਰ ਨਾਲੋਂ ਤ੍ਰਿੱਖਾ ਹੈ ਤੇ ਵਾਲ ਨਾਲੋਂ ਪਤਲਾ ਹੈ (ਇਸ ਉਤੋਂ ਡਿੱਗਣ ਦੀ ਭੀ ਸੰਭਾਵਨਾ ਹਰ ਵੇਲੇ ਬਣੀ ਰਹਿੰਦੀ ਹੈ ਕਿਉਂਕਿ ਦੁਨੀਆ ਵਾਲੀ ਵਾਸਨਾ ਮਨ ਦੀ ਅਡੋਲਤਾ ਨੂੰ ਧੱਕਾ ਦੇ ਦੇਂਦੀ ਹੈ)।

39390	919	ਗੁਰ ਪਰਸਾਦੀ ਜਿਨੀ ਆਪੁ ਤਜਿਆ ਹਰਿ ਵਾਸਨਾ ਸਮਾਣੀ॥		Gur Parasaadhee Jinee Aap Thajiaa Har Vaasanaa Samaanee ||	By Guru's Grace, they shed their selfishness and conceit; their hopes are merged in the Lord.	ਪਰ ਜਿਨ੍ਹਾਂ ਨੇ ਗੁਰੂ ਦੀ ਕਿਰਪਾ ਨਾਲ ਆਪਾ-ਭਾਵ ਛੱਡ ਦਿੱਤਾ ਹੈ, ਉਹਨਾਂ ਦੀ (ਮਾਇਕ) ਵਾਸਨਾ ਹਰੀ-ਪ੍ਰਭੂ ਦੀ ਯਾਦ ਵਿਚ ਮੁੱਕ ਜਾਂਦੀ ਹੈ।
39391	919	ਕਹੈ ਨਾਨਕੁ ਚਾਲ ਭਗਤਾ ਜੁਗਹੁ ਜੁਗੁ ਨਿਰਾਲੀ॥੧੪॥	ਜੁੱਗਹੁ ਜੁੱਗੁ	Kehai Naanak Chaal Bhagathaa Jugahu Jug Niraalee ||14||	Says Nanak, the lifestyle of the devotees, in each and every age, is unique and distinct. ||14||	ਨਾਨਕ ਆਖਦਾ ਹੈ ਕਿ (ਆਤਮਕ ਆਨੰਦ ਮਾਣਨ ਵਾਲੇ) ਭਗਤ ਜਨਾਂ ਦੀ ਜੀਵਨ-ਜੁਗਤੀ ਸਦਾ ਤੋਂ ਹੀ (ਦੁਨੀਆ ਨਾਲੋਂ) ਵੱਖਰੀ ਚਲੀ ਆ ਰਹੀ ਹੈ ॥੧੪॥
39392	919	ਜਿਉ ਤੂ ਚਲਾਇਹਿ ਤਿਵ ਚਲਹ ਸੁਆਮੀ ਹੋਰੁ ਕਿਆ ਜਾਣਾ ਗੁਣ ਤੇਰੇ॥	ਚੱਲਹ। ਚਲਾਇ-ਹਿ	Jio Thoo Chalaaeihi Thiv Chaleh Suaamee Hor Kiaa Jaanaa Gun Thaerae ||	As You make me walk, so do I walk, O my Lord and Master; what else do I know of Your Glorious Virtues?	ਹੇ ਮਾਲਕ-ਪ੍ਰਭੂ! ਜਿਵੇਂ ਤੂੰ (ਸਾਨੂੰ ਜੀਵਾਂ ਨੂੰ ਜੀਵਨ-ਸੜਕ ਉਤੇ) ਤੋਰਦਾ ਹੈਂ, ਤਿਵੇਂ ਅਸੀਂ ਤੁਰਦੇ ਹਾਂ (ਬੱਸ! ਮੈਨੂੰ ਇਤਨੀ ਹੀ ਸੂਝ ਪਈ ਹੈ), ਤੇਰੇ ਗੁਣਾਂ ਦਾ ਹੋਰ ਭੇਤ ਮੈਂ ਨਹੀਂ ਜਾਣਦਾ।
39393	919	ਜਿਵ ਤੂ ਚਲਾਇਹਿ ਤਿਵੈ ਚਲਹ ਜਿਨਾ ਮਾਰਗਿ ਪਾਵਹੇ॥		Jiv Thoo Chalaaeihi Thivai Chaleh Jinaa Maarag Paavehae ||	As You cause them to walk, they walk - You have placed them on the Path.	(ਮੈਂ ਇਹੀ ਸਮਝਿਆ ਹਾਂ ਕਿ) ਜਿਸ ਰਾਹੇ ਤੂੰ ਸਾਨੂੰ ਤੋਰਦਾ ਹੈਂ, ਉਸੇ ਰਾਹੇ ਅਸੀਂ ਤੁਰਦੇ ਹਾਂ। ਜਿਨ੍ਹਾਂ ਬੰਦਿਆਂ ਨੂੰ (ਆਤਮਕ ਆਨੰਦ ਮਾਣਨ ਦੇ) ਰਸਤੇ ਉਤੇ ਤੋਰਦਾ ਹੈਂ,

39394	919	ਕਰਿ ਕਿਰਪਾ ਜਿਨ ਨਾਮਿ ਲਾਇਹਿ ਸਿ ਹਰਿ ਹਰਿ ਸਦਾ ਧਿਆਵਹੇ॥	ਲਾ-ਇਹਿ, ਧਿਆਵ-ਹੇ	Kar Kirapaa Jin Naam Laaeihi S Har Har Sadhaa Dhhiaavehae ||	In Your Mercy, You attach them to the Naam; they meditate forever on the Lord, Har, Har.	ਜਿਨ੍ਹਾਂ ਨੂੰ ਮੇਹਰ ਕਰ ਕੇ ਆਪਣੇ ਨਾਮ ਵਿਚ ਜੋੜਦਾ ਹੈਂ, ਉਹ ਬੰਦੇ ਸਦਾ ਹਰੀ-ਨਾਮ ਸਿਮਰਦੇ ਹਨ।
39395	919	ਜਿਸ ਨੋ ਕਥਾ ਸੁਣਾਇਹਿ ਆਪਣੀ ਸਿ ਗੁਰ ਦੁਆਰੈ ਸੁਖੁ ਪਾਵਹੇ॥	ਸੁਣਾ-ਇਹਿ।ਪਾਵ-ਹੇ	Jis No Kathhaa Sunaaeihi Aapanee S Guradhuaarai Sukh Paavehae ||	Those whom You cause to listen to Your sermon, find peace in the Gurdwara, the Guru's Gate.	ਜਿਸ ਜਿਸ ਮਨੁੱਖ ਨੂੰ ਤੂੰ ਆਪਣੀ ਸਿਫ਼ਤ-ਸਾਲਾਹ ਦੀ ਬਾਣੀ ਸੁਣਾਉਂਦਾ ਹੈਂ (ਸੁਣਨ ਵਲ ਪ੍ਰੇਰਦਾ ਹੈਂ), ਉਹ ਬੰਦੇ ਗੁਰੂ ਦੇ ਦਰ ਤੇ (ਪਹੁੰਚ ਕੇ) ਆਤਮਕ ਆਨੰਦ ਮਾਣਦੇ ਹਨ।
39396	919	ਕਹੈ ਨਾਨਕੁ ਸਚੇ ਸਾਹਿਬ ਜਿਉ ਭਾਵੈ ਤਿਵੈ ਚਲਾਵਹੇ॥੧੫॥	ਚਲਾਵ-ਹੇ	Kehai Naanak Sachae Saahib Jio Bhaavai Thivai Chalaavehae ||15||	Says Nanak, O my True Lord and Master, you make us walk according to Your Will. ||15||	ਨਾਨਕ ਆਖਦਾ ਹੈ ਕਿ ਹੇ ਸਦਾ-ਥਿਰ ਰਹਿਣ ਵਾਲੇ ਮਾਲਕ! ਜਿਵੇਂ ਤੈਨੂੰ ਚੰਗਾ ਲੱਗਦਾ ਹੈ, ਉਸੇ ਤਰ੍ਹਾਂ ਤੂੰ (ਸਾਨੂੰ ਜੀਵਾਂ ਨੂੰ) ਜੀਵਨ-ਰਾਹ ਉਤੇ ਤੋਰਦਾ ਹੈਂ ॥੧੫॥
39397	919	ਏਹੁ ਸੋਹਿਲਾ ਸਬਦੁ ਸੁਹਾਵਾ॥		Eaehu Sohilaa Sabadh Suhaavaa ||	This song of praise is the Shabad, the most beautiful Word of God.	(ਸਤਿਗੁਰੂ ਦਾ) ਇਹ ਸੋਹਣਾ ਸ਼ਬਦ (ਆਤਮਕ) ਆਨੰਦ ਦੇਣ ਵਾਲਾ ਗੀਤ ਹੈ,

39398	919	ਸਬਦੋ ਸੁਹਾਵਾ ਸਦਾ ਸੋਹਿਲਾ ਸਤਿਗੁਰੂ ਸੁਣਾਇਆ॥		Sabadho Suhaavaa Sadhaa Sohilaa Sathiguroo Sunaaeiaa ||	This beauteous Shabad is the everlasting song of praise, spoken by the True Guru.	(ਯਕੀਨ ਜਾਣੋ ਕਿ) ਸਤਿਗੁਰੂ ਨੇ ਜੇਹੜਾ ਸੋਹਣਾ ਸ਼ਬਦ ਸੁਣਾਇਆ ਹੈ ਉਹ ਸਦਾ ਆਤਮਕ ਆਨੰਦ ਦੇਣ ਵਾਲਾ ਹੈ।
39399	919	ਏਹੁ ਤਿਨ ਕੈ ਮੰਨਿ ਵਸਿਆ ਜਿਨ ਧੁਰਹੁ ਲਿਖਿਆ ਆਇਆ॥		Eaehu Thin Kai Mann Vasiaa Jin Dhhurahu Likhiaa Aaeiaa ||	This is enshrined in the minds of those who are so pre-destined by the Lord.	ਪਰ ਇਹ ਗੁਰ-ਸ਼ਬਦ ਉਹਨਾਂ ਦੇ ਮਨ ਵਿਚ ਵੱਸਦਾ ਹੈ ਜਿਨ੍ਹਾਂ ਦੇ ਮੱਥੇ ਤੇ ਧੁਰੋਂ ਲਿਖਿਆ ਲੇਖ ਉੱਘੜਦਾ ਹੈ।
39400	919	ਇਕਿ ਫਿਰਹਿ ਘਨੇਰੇ ਕਰਹਿ ਗਲਾ ਗਲੀ ਕਿਨੈ ਨ ਪਾਇਆ॥	ਗੱਲਾਂ। ਗੱਲੀਂ	Eik Firehi Ghanaerae Karehi Galaa Galee Kinai N Paaeiaa ||	Some wander around, babbling on and on, but none obtain Him by babbling.	ਬਥੇਰੇ ਅਨੇਕਾਂ ਐਸੇ ਬੰਦੇ ਫਿਰਦੇ ਹਨ (ਜਿਨ੍ਹਾਂ ਦੇ ਮਨ ਵਿਚ ਗੁਰ-ਸ਼ਬਦ ਤਾਂ ਨਹੀਂ ਵੱਸਿਆ, ਪਰ ਗਿਆਨ ਦੀਆਂ) ਗੱਲਾਂ ਕਰਦੇ ਹਨ। ਨਿਰੀਆਂ ਗੱਲਾਂ ਨਾਲ ਆਤਮਕ ਆਨੰਦ ਕਿਸੇ ਨੂੰ ਨਹੀਂ ਮਿਲਿਆ।
39401	919	ਕਹੈ ਨਾਨਕੁ ਸਬਦੁ ਸੋਹਿਲਾ ਸਤਿਗੁਰੂ ਸੁਣਾਇਆ॥੧੬॥		Kehai Naanak Sabadh Sohilaa Sathiguroo Sunaaeiaa ||16||	Says Nanak, the Shabad, this song of praise, has been spoken by the True Guru. ||16||	ਨਾਨਕ ਆਖਦਾ ਹੈ ਕਿ ਸਤਿਗੁਰੂ ਦਾ ਸੁਣਾਇਆ ਹੋਇਆ ਸ਼ਬਦ ਹੀ ਆਤਮਕ ਆਨੰਦ-ਦਾਤਾ ਹੈ ॥੧੬॥

39402	919	ਪਵਿਤੁ ਹੋਏ ਸੇ ਜਨਾ ਜਿਨੀ ਹਰਿ ਧਿਆਇਆ॥		Pavith Hoeae Sae Janaa Jinee Har Dhhiaaeiaa ||	Those humble beings who meditate on the Lord become pure.	(ਗੁਰ ਸ਼ਬਦ ਦਾ ਸਦਕਾ) ਜਿਨ੍ਹਾਂ ਬੰਦਿਆਂ ਨੇ ਪਰਮਾਤਮਾ ਦਾ ਨਾਮ ਸਿਮਰਿਆ (ਉਹਨਾਂ ਦੇ ਅੰਦਰ ਐਸਾ ਆਨੰਦ ਪੈਦਾ ਹੋਇਆ ਕਿ ਮਾਇਆ ਵਾਲੇ ਰਸਾਂ ਦੀ ਉਹਨਾਂ ਨੂੰ ਖਿੱਚ ਹੀ ਨਾਹ ਰਹੀ, ਤੇ) ਉਹ ਬੰਦੇ ਪਵਿਤ੍ਰ ਜੀਵਨ ਵਾਲੇ ਬਣ ਗਏ।
39403	919	ਹਰਿ ਧਿਆਇਆ ਪਵਿਤੁ ਹੋਏ ਗੁਰਮੁਖਿ ਜਿਨੀ ਧਿਆਇਆ॥		Har Dhhiaaeiaa Pavith Hoeae Guramukh Jinee Dhhiaaeiaa ||	Meditating on the Lord, they become pure; as Gurmukh, they meditate on Him.	ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਜਿਨ੍ਹਾਂ ਨੇ ਹਰੀ ਦਾ ਨਾਮ ਸਿਮਰਿਆ ਉਹ ਸੁੱਧ ਆਚਰਨ ਵਾਲੇ ਹੋ ਗਏ।
39404	919	ਪਵਿਤੁ ਮਾਤਾ ਪਿਤਾ ਕੁਟੰਬ ਸਹਿਤ ਸਿਉ ਪਵਿਤੁ ਸੰਗਤਿ ਸਬਾਈਆ॥		Pavith Maathaa Pithaa Kuttanb Sehith Sio Pavith Sangath Sabaaeeaa ||	They are pure, along with their mothers, fathers, family and friends; all their companions are pure as well.	(ਉਹਨਾਂ ਦੀ ਲਾਗ ਨਾਲ) ਉਹਨਾਂ ਦੇ ਮਾਤਾ ਪਿਤਾ ਪਰਵਾਰ ਦੇ ਜੀਵ ਪਵਿਤ੍ਰ ਜੀਵਨ ਵਾਲੇ ਬਣੇ, ਜਿਨ੍ਹਾਂ ਜਿਨ੍ਹਾਂ ਨੇ ਉਹਨਾਂ ਦੀ ਸੰਗਤ ਕੀਤੀ ਉਹ ਸਾਰੇ ਪਵਿਤ੍ਰ ਹੋ ਗਏ।
39405	919	ਕਹਦੇ ਪਵਿਤੁ ਸੁਣਦੇ ਪਵਿਤੁ ਸੇ ਪਵਿਤੁ ਜਿਨੀ ਮੰਨਿ ਵਸਾਇਆ॥		Kehadhae Pavith Sunadhae Pavith Sae Pavith Jinee Mann Vasaaeiaa ||	Pure are those who speak, and pure are those who listen; those who enshrine it within their minds are pure.	ਹਰੀ-ਨਾਮ (ਇਕ ਐਸਾ ਆਨੰਦ ਦਾ ਸੋਮਾ ਹੈ ਕਿ ਇਸ ਨੂੰ) ਜਪਣ ਵਾਲੇ ਭੀ ਪਵਿਤ੍ਰ ਤੇ ਸੁਣਨ ਵਾਲੇ ਭੀ ਪਵਿਤ੍ਰ ਹੋ ਜਾਂਦੇ ਹਨ, ਜੇਹੜੇ ਇਸ ਨੂੰ ਮਨ ਵਿਚ ਵਸਾਂਦੇ ਹਨ ਉਹ ਭੀ ਪਵਿਤ੍ਰ ਹੋ ਜਾਂਦੇ ਹਨ।

39406	919	ਕਹੈ ਨਾਨਕੁ ਸੇ ਪਵਿਤੁ ਜਿਨੀ ਗੁਰਮੁਖਿ ਹਰਿ ਹਰਿ ਧਿਆਇਆ॥੧੭॥		Kehai Naanak Sae Pavith Jinee Guramukh Har Har Dhhiaaeiaa ||17||	Says Nanak, pure and holy are those who, as Gurmukh, meditate on the Lord, Har, Har. ||17||	ਨਾਨਕ ਆਖਦਾ ਹੈ ਕਿ ਜਿਨ੍ਹਾਂ ਬੰਦਿਆਂ ਨੇ ਗੁਰੂ ਦੀ ਸਰਨ ਪੈ ਕੇ ਹਰੀ-ਨਾਮ ਸਿਮਰਿਆ ਹੈ ਉਹ ਸੁੱਧ ਆਚਰਨ ਵਾਲੇ ਹੋ ਗਏ ਹਨ ॥੧੭॥
39407	919	ਕਰਮੀ ਸਹਜੁ ਨ ਊਪਜੈ ਵਿਣੁ ਸਹਜੈ ਸਹਸਾ ਨ ਜਾਇ॥		Karamee Sehaj N Oopajai Vin Sehajai Sehasaa N Jaae ||	By religious rituals, intuitive poise is not found; without intuitive poise, skepticism does not depart.	ਮਾਇਆ ਦੇ ਮੋਹ ਵਿਚ ਫਸੇ ਰਿਹਾਂ ਮਨ ਵਿਚ ਸਦਾ ਤੌਖ਼ਲਾ-ਸਹਿਮ ਬਣਿਆ ਰਹਿੰਦਾ ਹੈ, (ਇਹ) ਤੌਖ਼ਲਾ-ਸਹਿਮ ਆਤਮਕ ਆਨੰਦ ਤੋਂ ਬਿਨਾ ਦੂਰ ਨਹੀਂ ਹੁੰਦਾ, (ਤੇ,) ਆਤਮਕ ਆਨੰਦ ਬਾਹਰੋਂ ਧਾਰਮਿਕ ਜਾਪਦੇ ਕਰਮ ਕੀਤਿਆਂ ਪੈਦਾ ਨਹੀਂ ਹੋ ਸਕਦਾ।
39408	919	ਨਹ ਜਾਇ ਸਹਸਾ ਕਿਤੈ ਸੰਜਮਿ ਰਹੇ ਕਰਮ ਕਮਾਏ॥		Neh Jaae Sehasaa Kithai Sanjam Rehae Karam Kamaaeae ||	Skepticism does not depart by contrived actions; everybody is tired of performing these rituals.	ਅਨੇਕਾਂ ਬੰਦੇ (ਅਜੇਹੇ) ਕਰਮ ਕਰ ਕਰ ਕੇ ਹਾਰ ਗਏ ਹਨ, ਪਰ ਮਨ ਦਾ ਤੌਖ਼ਲਾ-ਸਹਿਮ ਅਜੇਹੇ ਕਿਸੇ ਤਰੀਕੇ ਨਾਲ ਨਹੀਂ ਜਾਂਦਾ।
39409	919	ਸਹਸੈ ਜੀਉ ਮਲੀਣੁ ਹੈ ਕਿਤੁ ਸੰਜਮਿ ਧੋਤਾ ਜਾਏ॥		Sehasai Jeeo Maleen Hai Kith Sanjam Dhhothaa Jaaeae ||	The soul is polluted by skepticism; how can it be cleansed?	(ਜਿਤਨਾ ਚਿਰ) ਮਨ ਸਹਿਮ ਵਿਚ (ਹੈ ਉਤਨਾ ਚਿਰ) ਮੈਲਾ ਰਹਿੰਦਾ ਹੈ, ਮਨ ਦੀ ਇਹ ਮੈਲ ਕਿਸੇ (ਬਾਹਰਲੀ) ਜੁਗਤੀ ਨਾਲ ਨਹੀਂ ਧੁਪਦੀ।

39410	919	ਮੰਨੁ ਧੋਵਹੁ ਸਬਦਿ ਲਾਗਹੁ ਹਰਿ ਸਿਉ ਰਹਹੁ ਚਿਤੁ ਲਾਇ॥		Mann Dhhovahu Sabadh Laagahu Har Sio Rehahu Chith Laae ||	Wash your mind by attaching it to the Shabad, and keep your consciousness focused on the Lord.	ਗੁਰੂ ਦੇ ਸ਼ਬਦ ਵਿਚ ਜੁੜੋ, ਪਰਮਾਤਮਾ ਦੇ ਚਰਨਾਂ ਵਿਚ ਸਦਾ ਚਿੱਤ ਜੋੜੀ ਰੱਖੋ, (ਜੇ) ਮਨ (ਧੋਣਾ ਹੈ ਤਾਂ ਇਸ ਤਰ੍ਹਾਂ) ਧੋਵੋ।
39411	919	ਕਹੈ ਨਾਨਕੁ ਗੁਰ ਪਰਸਾਦੀ ਸਹਜੁ ਉਪਜੈ ਇਹ ਸਹਸਾ ਇਵ ਜਾਇ॥੧੮॥		Kehai Naanak Gur Parasaadhee Sehaj Oupajai Eihu Sehasaa Eiv Jaae ||18||	Says Nanak, by Guru's Grace, intuitive poise is produced, and this skepticism is dispelled. ||18||	ਨਾਨਕ ਆਖਦਾ ਹੈ ਕਿ ਗੁਰੂ ਦੀ ਕਿਰਪਾ ਨਾਲ ਹੀ (ਮਨੁੱਖ ਦੇ ਅੰਦਰ) ਆਤਮਕ ਆਨੰਦ ਪੈਦਾ ਹੁੰਦਾ ਹੈ, ਤੇ ਇਸ ਤਰ੍ਹਾਂ ਮਨ ਦਾ ਤੌਖ਼ਲਾ-ਸਹਿਮ ਦੂਰ ਹੋ ਜਾਂਦਾ ਹੈ ॥੧੮॥
39412	919	ਜੀਅਹੁ ਮੈਲੇ ਬਾਹਰਹੁ ਨਿਰਮਲ॥		Jeeahu Mailae Baaharahu Niramal ||	Inwardly polluted, and outwardly pure.	(ਨਿਰੇ ਬਾਹਰੋਂ ਧਾਰਮਿਕ ਦਿੱਸਦੇ ਕਰਮ ਕਰਨ ਵਾਲੇ ਬੰਦੇ) ਮਨ ਵਿਚ (ਵਿਕਾਰਾਂ ਨਾਲ) ਮੈਲੇ ਰਹਿੰਦੇ ਹਨ ਤੇ ਸਿਰਫ਼ ਵੇਖਣ ਨੂੰ ਹੀ ਪਵਿਤ੍ਰ ਜਾਪਦੇ ਹਨ।
39413	919	ਬਾਹਰਹੁ ਨਿਰਮਲ ਜੀਅਹੁ ਤ ਮੈਲੇ ਤਿਨੀ ਜਨਮੁ ਜੂਐ ਹਾਰਿਆ॥		Baaharahu Niramal Jeeahu Th Mailae Thinee Janam Jooai Haariaa ||	Those who are outwardly pure and yet polluted within, lose their lives in the gamble.	ਤੇ, ਜੇਹੜੇ ਬੰਦੇ ਬਾਹਰੋਂ ਪਵਿਤ੍ਰ ਦਿੱਸਣ, ਉਂਞ ਮਨੋਂ ਵਿਕਾਰੀ ਹੋਣ, ਉਹਨਾਂ ਨੇ ਆਪਣਾ ਜੀਵਨ ਇਉਂ ਵਿਅਰਥ ਗਵਾ ਲਿਆ ਸਮਝੋ ਜਿਵੇਂ ਕੋਈ ਜੁਆਰੀਆ ਜੂਏ ਵਿਚ ਧਨ ਹਾਰ ਆਉਂਦਾ ਹੈ।

39414	919	ਏਹ ਤਿਸਨਾ ਵਡਾ ਰੋਗੁ ਲਗਾ ਮਰਣੁ ਮਨਹੁ ਵਿਸਾਰਿਆ॥		Eaeh Thisanaa Vaddaa Rog Lagaa Maran Manahu Visaariaa ||	They contract this terrible disease of desire, and in their minds, they forget about dying.	(ਉਹਨਾਂ ਨੂੰ ਅੰਦਰੋ-ਅੰਦਰ) ਮਾਇਆ ਦੀ ਤ੍ਰਿਸ਼ਨਾ ਦਾ ਭਾਰਾ ਰੋਗ ਖਾਈ ਜਾਂਦਾ ਹੈ, (ਮਾਇਆ ਦੇ ਲਾਲਚ ਵਿਚ) ਮੌਤ ਨੂੰ ਉਹਨਾਂ ਭੁਲਾਇਆ ਹੁੰਦਾ ਹੈ।
39415	919	ਵੇਦਾ ਮਹਿ ਨਾਮੁ ਉਤਮੁ ਸੋ ਸੁਣਹਿ ਨਾਹੀ ਫਿਰਹਿ ਜਿਉ ਬੇਤਾਲਿਆ॥		Vaedhaa Mehi Naam Outham So Sunehi Naahee Firehi Jio Baethaaliaa ||	In the Vedas, the ultimate objective is the Naam, the Name of the Lord; but they do not hear this, and they wander around like demons.	(ਲੋਕਾਂ ਦੀਆਂ ਨਜ਼ਰਾਂ ਵਿਚ ਧਾਰਮਿਕ ਦਿੱਸਣ ਵਾਸਤੇ ਉਹ ਆਪਣੇ ਬਾਹਰੋਂ ਧਾਰਮਿਕ ਦਿੱਸਦੇ ਕਰਮਾਂ ਦੀ ਵਡਿਆਈ ਦੱਸਣ ਲਈ ਵੇਦ ਆਦਿਕ ਧਰਮ-ਪੁਸਤਕਾਂ ਵਿਚੋਂ ਹਵਾਲੇ ਦੇਂਦੇ ਹਨ, ਪਰ) ਵੇਦ ਆਦਿਕ ਧਰਮ-ਪੁਸਤਕਾਂ ਵਿਚ ਜੋ ਪ੍ਰਭੂ ਦਾ ਨਾਮ ਜਪਣ ਦਾ ਉੱਤਮ ਉਪਦੇਸ਼ ਹੈ ਉਸ ਵਲ ਉਹ ਧਿਆਨ ਨਹੀਂ ਕਰਦੇ, ਤੇ ਭੂਤਾਂ ਵਾਂਗ ਹੀ ਜਗਤ ਵਿਚ ਵਿਚਰਦੇ ਹਨ (ਜੀਵਨ-ਤਾਲ ਤੋਂ ਖੁੰਝੇ ਰਹਿੰਦੇ ਹਨ)।
39416	919	ਕਹੈ ਨਾਨਕੁ ਜਿਨ ਸਚੁ ਤਜਿਆ ਕੂੜੇ ਲਾਗੇ ਤਿਨੀ ਜਨਮੁ ਜੂਐ ਹਾਰਿਆ॥੧੯॥		Kehai Naanak Jin Sach Thajiaa Koorrae Laagae Thinee Janam Jooai Haariaa ||19||	Says Nanak, those who forsake Truth and cling to falsehood, lose their lives in the gamble. ||19||	ਨਾਨਕ ਆਖਦਾ ਹੈ ਕਿ ਜਿਨ੍ਹਾਂ ਨੇ ਪਰਮਾਤਮਾ ਦਾ ਨਾਮ (-ਸਿਮਰਨ) ਛੱਡਿਆ ਹੋਇਆ ਹੈ, ਤੇ ਜੋ ਮਾਇਆ ਦੇ ਮੋਹ ਵਿਚ ਫਸੇ ਹੋਏ ਹਨ, ਉਹਨਾਂ ਆਪਣੀ ਜੀਵਨ-ਖੇਡ ਜੂਏ ਵਿਚ ਹਾਰ ਲਈ ਸਮਝੋ ॥੧੯॥

39417	919	ਜੀਅਹੁ ਨਿਰਮਲ ਬਾਹਰਹੁ ਨਿਰਮਲ॥	ਜੀ-ਅਹੁ। ਬਾਹ-ਰਹੁ	Jeeahu Niramal Baaharahu Niramal ||	Inwardly pure, and outwardly pure.	ਉਹ ਬੰਦੇ ਮਨੋਂ ਭੀ ਪਵਿਤ੍ਰ ਹੁੰਦੇ ਹਨ, ਤੇ ਬਾਹਰੋਂ ਭੀ ਪਵਿਤ੍ਰ ਹੁੰਦੇ ਹਨ,
39418	919	ਬਾਹਰਹੁ ਤ ਨਿਰਮਲ ਜੀਅਹੁ ਨਿਰਮਲ ਸਤਿਗੁਰ ਤੇ ਕਰਣੀ ਕਮਾਣੀ॥		Baaharahu Th Niramal Jeeahu Niramal Sathigur Thae Karanee Kamaanee ||	Those who are outwardly pure and also pure within, through the Guru, perform good deeds.	ਜੋ ਬੰਦੇ (ਆਚਰਨ-ਉਸਾਰੀ ਦੀ) ਉਹ ਕਮਾਈ ਕਰਦੇ ਹਨ ਜਿਸ ਦੀ ਹਿਦਾਇਤ ਗੁਰੂ ਤੋਂ ਮਿਲਦੀ ਹੈ, ਉਹ ਮਨੋਂ ਭੀ ਪਵਿਤ੍ਰ ਹੁੰਦੇ ਹਨ, ਤੇ ਬਾਹਰੋਂ ਭੀ ਪਵਿਤ੍ਰ ਹੁੰਦੇ ਹਨ (ਭਾਵ, ਉਹਨਾਂ ਦਾ ਜਗਤ ਨਾਲ ਵਰਤਾਰਾ ਭੀ ਸੁਚੱਜਾ ਹੁੰਦਾ ਹੈ), ਉਹ ਬਾਹਰੋਂ ਭੀ ਪਵਿਤ੍ਰ ਤੇ ਅੰਦਰੋਂ ਭੀ ਸੁੱਚੇ ਰਹਿੰਦੇ ਹਨ।
39419	919	ਕੂੜ ਕੀ ਸੋਇ ਪਹੁਚੈ ਨਾਹੀ ਮਨਸਾ ਸਚਿ ਸਮਾਣੀ॥		Koorr Kee Soe Pahuchai Naahee Manasaa Sach Samaanee ||	Not even an iota of falsehood touches them; their hopes are absorbed in the Truth.	ਉਹਨਾਂ ਦੇ ਮਨ ਦਾ ਮਾਇਕ ਫੁਰਨਾ ਸਿਮਰਨ ਵਿਚ ਹੀ ਮੁੱਕ ਜਾਂਦਾ ਹੈ, (ਉਹਨਾਂ ਦੇ ਅੰਦਰ ਇਤਨਾ ਆਤਮਕ ਆਨੰਦ ਬਣਦਾ ਹੈ ਕਿ) ਮਾਇਆ ਦੇ ਮੋਹ ਦੀ ਖ਼ਬਰ ਤਕ ਉਹਨਾਂ ਦੇ ਮਨ ਤਕ ਨਹੀਂ ਪਹੁੰਚਦੀ।

39420	919	ਜਨਮੁ ਰਤਨੁ ਜਿਨੀ ਖਟਿਆ ਭਲੇ ਸੇ ਵਣਜਾਰੇ॥		Janam Rathan Jinee Khattiaa Bhalae Sae Vanajaarae ||	Those who earn the jewel of this human life, are the most excellent of merchants.	(ਜੀਵ ਜਗਤ ਵਿਚ ਆਤਮਕ ਆਨੰਦ ਦਾ ਵੱਖਰ ਵਿਹਾਝਣ ਆਏ ਹਨ) ਉਹੀ ਜੀਵ-ਵਪਾਰੀ ਚੰਗੇ ਕਹੇ ਜਾਂਦੇ ਹਨ ਜਿਨ੍ਹਾਂ ਨੇ (ਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ ਨਾਮ-ਕਮਾਈ ਕਰ ਕੇ) ਸ੍ਰੇਸ਼ਟ ਮਨੁੱਖਾ ਜਨਮ ਸਫਲਾ ਕਰ ਲਿਆ।
39421	919	ਕਹੈ ਨਾਨਕੁ ਜਿਨ ਮੰਨੁ ਨਿਰਮਲੁ ਸਦਾ ਰਹਹਿ ਗੁਰ ਨਾਲੇ॥੨੦॥	ਮੰਨੁ:ਟਿੱਪੀ ਔਂਕੜ ਬੋਲੋ। ਰਹ-ਹਿ	Kehai Naanak Jin Mann Niramal Sadhaa Rehehi Gur Naalae ||20||	Says Nanak, those whose minds are pure, abide with the Guru forever. ||20||	ਨਾਨਕ ਆਖਦਾ ਹੈ ਕਿ ਜਿਨ੍ਹਾਂ ਬੰਦਿਆਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ (ਜਿਨ੍ਹਾਂ ਦੇ ਅੰਦਰ ਆਤਮਕ ਆਨੰਦ ਬਣ ਜਾਂਦਾ ਹੈ) ਉਹ (ਅੰਤਰ ਆਤਮੇ) ਸਦਾ ਗੁਰੂ ਦੇ ਚਰਨਾਂ ਵਿਚ ਰਹਿੰਦੇ ਹਨ ॥੨੦॥
39422	919	ਜੇ ਕੋ ਸਿਖੁ ਗੁਰੂ ਸੇਤੀ ਸਨਮੁਖੁ ਹੋਵੈ॥		Jae Ko Sikh Guroo Saethee Sanamukh Hovai ||	If a Sikh turns to the Guru with sincere faith, as sunmukh	ਜੇ ਕੋਈ ਸਿੱਖ ਗੁਰੂ ਦੇ ਸਾਹਮਣੇ ਸੁਰਖ਼ਰੂ ਹੋਣਾ ਚਾਹੁੰਦਾ ਹੈ,
39423	919	ਹੋਵੈ ਤ ਸਨਮੁਖੁ ਸਿਖੁ ਕੋਈ ਜੀਅਹੁ ਰਹੈ ਗੁਰ ਨਾਲੇ॥		Hovai Th Sanamukh Sikh Koee Jeeahu Rehai Gur Naalae ||	If a Sikh turns to the Guru with sincere faith, as sunmukh, his soul abides with the Guru.	ਜੋ ਸਿੱਖ ਇਹ ਚਾਹੁੰਦਾ ਹੈ ਕਿ ਕਿਸੇ ਲੁਕਵੇਂ ਖੋਟ ਦੇ ਕਾਰਨ ਉਸ ਨੂੰ ਗੁਰੂ ਦੇ ਸਾਹਮਣੇ ਅੱਖਾਂ ਨੀਵੀਆਂ ਨ ਕਰਨੀਆਂ ਪੈਣ, (ਤਾਂ ਰਸਤਾ ਇਕੋ ਹੀ ਹੈ ਕਿ) ਉਹ ਸੱਚੇ ਦਿਲੋਂ ਗੁਰੂ ਦੇ ਚਰਨਾਂ ਵਿਚ ਟਿਕੇ।

39424	919	ਗੁਰ ਕੇ ਚਰਨ ਹਿਰਦੈ ਧਿਆਏ ਅੰਤਰ ਆਤਮੈ ਸਮਾਲੇ॥		Gur Kae Charan Hiradhai Dhhiaaeae Anthar Aathamai Samaalae ||	Within his heart, he meditates on the lotus feet of the Guru; deep within his soul, he contemplates Him.	ਸਿੱਖ ਗੁਰੂ ਦੇ ਚਰਨਾਂ ਨੂੰ ਆਪਣੇ ਹਿਰਦੇ ਵਿਚ ਥਾਂ ਦੇਵੇ, ਆਪਣੇ ਆਤਮਾ ਦੇ ਅੰਦਰ ਸੰਭਾਲ ਰੱਖੇ।
39425	919	ਆਪੁ ਛਡਿ ਸਦਾ ਰਹੈ ਪਰਣੈ ਗੁਰ ਬਿਨੁ ਅਵਰੁ ਨ ਜਾਣੈ ਕੋਏ॥		Aap Shhadd Sadhaa Rehai Paranai Gur Bin Avar N Jaanai Koeae ||	Renouncing selfishness and conceit, he remains always on the side of the Guru; he does not know anyone except the Guru.	ਆਪਾ-ਭਾਵ ਛੱਡ ਕੇ ਸਦਾ ਗੁਰੂ ਦੇ ਆਸਰੇ, ਗੁਰੂ ਤੋਂ ਬਿਨਾ ਕਿਸੇ ਹੋਰ ਨੂੰ (ਆਪਣੇ ਆਤਮਕ ਜੀਵਨ ਦਾ, ਆਤਮਕ ਆਨੰਦ ਦਾ ਵਸੀਲਾ) ਨਾ ਸਮਝੇ।
39426	920	ਕਹੈ ਨਾਨਕੁ ਸੁਣਹੁ ਸੰਤਹੁ ਸੋ ਸਿਖੁ ਸਨਮੁਖੁ ਹੋਏ॥੨੧॥		Kehai Naanak Sunahu Santhahu So Sikh Sanamukh Hoeae ||21||	Says Nanak, listen, O Saints: such a Sikh turns toward the Guru with sincere faith, and becomes sunmukh. ||21||	ਨਾਨਕ ਆਖਦਾ ਹੈ ਕਿ ਹੇ ਸੰਤ ਜਨੋ! ਸੁਣੋ ਉਹ ਸਿੱਖ (ਹੀ) ਖਿੜੇ-ਮੱਥੇ ਰਹਿ ਸਕਦਾ ਹੈ (ਉਸ ਦੇ ਹੀ ਅੰਦਰ ਆਤਮਕ ਖੇੜਾ ਹੋ ਸਕਦਾ ਹੈ, ਉਹੀ ਆਤਮਕ ਆਨੰਦ ਮਾਣ ਸਕਦਾ ਹੈ) ॥੨੧॥

39427	920	ਜੇ ਕੋ ਗੁਰ ਤੇ ਵੇਮੁਖੁ ਹੋਵੈ ਬਿਨੁ ਸਤਿਗੁਰ ਮੁਕਤਿ ਨ ਪਾਵੈ॥		Jae Ko Gur Thae Vaemukh Hovai Bin Sathigur Mukath N Paavai ||	One who turns away from the Guru, and becomes baymukh - without the True Guru, he shall not find liberation.	(ਜਿਥੇ ਮਾਇਆ ਦੇ ਮੋਹ ਦੇ ਕਾਰਨ ਸਹਿਮ ਹੈ ਉਥੇ ਆਤਮਕ ਆਨੰਦ ਨਹੀਂ ਪਲ੍ਹਰ ਸਕਦਾ, ਪਰ) ਜੇ ਕੋਈ ਮਨੁੱਖ ਗੁਰੂ ਵਲੋਂ ਮੂੰਹ ਮੋੜ ਲਏ (ਉਸ ਨੂੰ ਆਤਮਕ ਆਨੰਦ ਨਸੀਬ ਨਹੀਂ ਹੋ ਸਕਦਾ ਕਿਉਂਕਿ) ਗੁਰੂ ਤੋਂ ਬਿਨਾ ਮਾਇਆ ਦੇ ਪ੍ਰਭਾਵ ਤੋਂ ਖ਼ਲਾਸੀ ਨਹੀਂ ਮਿਲਦੀ।
39428	920	ਪਾਵੈ ਮੁਕਤਿ ਨ ਹੋਰ ਥੈ ਕੋਈ ਪੁਛਹੁ ਬਿਬੇਕੀਆ ਜਾਏ॥		Paavai Mukath N Hor Thhai Koee Pushhahu Bibaekeeaa Jaaeae ||	He shall not find liberation anywhere else either; go and ask the wise ones about this.	ਬੇਸ਼ੱਕ ਕਿਸੇ ਵਿਚਾਰਵਾਨਾਂ ਤੋਂ ਜਾ ਕੇ ਪੁੱਛ ਲਵੋ (ਤੇ ਤਸੱਲੀ ਕਰ ਲਵੋ, ਇਹ ਪੱਕੀ ਗੱਲ ਹੈ ਕਿ ਗੁਰੂ ਤੋਂ ਬਿਨਾ) ਕਿਸੇ ਭੀ ਹੋਰ ਥਾਂ ਤੋਂ ਮਾਇਕ ਬੰਧਨਾਂ ਤੋਂ ਖ਼ਲਾਸੀ ਨਹੀਂ ਮਿਲਦੀ।
39429	920	ਅਨੇਕ ਜੂਨੀ ਭਰਮਿ ਆਵੈ ਵਿਣੁ ਸਤਿਗੁਰ ਮੁਕਤਿ ਨ ਪਾਏ॥		Anaek Joonee Bharam Aavai Vin Sathigur Mukath N Paaeae ||	He shall wander through countless incarnations; without the True Guru, he shall not find liberation.	(ਮਾਇਆ ਦੇ ਮੋਹ ਵਿਚ ਫਸਿਆ ਮਨੁੱਖ) ਅਨੇਕਾਂ ਜੂਨੀਆਂ ਵਿਚ ਭਟਕਦਾ ਆਉਂਦਾ ਹੈ, ਗੁਰੂ ਦੀ ਸਰਨ ਤੋਂ ਬਿਨਾ ਇਸ ਮੋਹ ਤੋਂ ਖ਼ਲਾਸੀ ਨਹੀਂ ਮਿਲਦੀ।
39430	920	ਫਿਰਿ ਮੁਕਤਿ ਪਾਏ ਲਾਗਿ ਚਰਣੀ ਸਤਿਗੁਰੂ ਸਬਦੁ ਸੁਣਾਏ॥		Fir Mukath Paaeae Laag Charanee Sathiguroo Sabadh Sunaaeae ||	But liberation is attained, when one is attached to the feet of the True Guru, chanting the Word of the Shabad.	ਆਖ਼ਰ ਗੁਰੂ ਦੀ ਚਰਨੀਂ ਲੱਗ ਕੇ ਹੀ ਮਾਇਆ ਦੇ ਮੋਹ ਤੋਂ ਛੁਟਕਾਰਾ ਮਿਲਦਾ ਹੈ ਕਿਉਂਕਿ ਗੁਰੂ (ਸਹੀ ਜੀਵਨ-ਮਾਰਗ ਦਾ) ਉਪਦੇਸ਼ ਸੁਣਾਂਦਾ ਹੈ।

39431	920	ਕਹੈ ਨਾਨਕੁ ਵੀਚਾਰਿ ਦੇਖਹੁ ਵਿਣੁ ਸਤਿਗੁਰ ਮੁਕਤਿ ਨ ਪਾਏ॥੨੨॥		Kehai Naanak Veechaar Dhaekhahu Vin Sathigur Mukath N Paaeae ||22||	Says Nanak, contemplate this and see, that without the True Guru, there is no liberation. ||22||	ਨਾਨਕ ਆਖਦਾ ਹੈ ਕਿ ਵਿਚਾਰ ਕੇ ਵੇਖ ਲਵੋ, ਗੁਰੂ ਤੋਂ ਬਿਨਾ ਮਾਇਆ ਦੇ ਬੰਧਨ ਤੋਂ ਆਜ਼ਾਦੀ ਨਹੀਂ ਮਿਲਦੀ, (ਤੇ ਇਸ ਮੁਕਤੀ ਤੋਂ ਬਿਨਾ ਆਤਮਕ ਆਨੰਦ ਦੀ ਪ੍ਰਾਪਤੀ ਨਹੀਂ ਹੋ ਸਕਦੀ) ॥੨੨॥
39432	920	ਆਵਹੁ ਸਿਖ ਸਤਿਗੁਰੂ ਕੇ ਪਿਆਰਿਹੋ ਗਾਵਹੁ ਸਚੀ ਬਾਣੀ॥		Aavahu Sikh Sathiguroo Kae Piaariho Gaavahu Sachee Baanee ||	Come, O beloved Sikhs of the True Guru, and sing the True Word of His Bani.	ਹੇ ਸਤਿਗੁਰੂ ਦੇ ਪਿਆਰੇ ਸਿੱਖੋ! ਆਵੋ, ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਜੋੜਨ ਵਾਲੀ ਬਾਣੀ (ਰਲ ਕੇ) ਗਾਵੋ।
39433	920	ਬਾਣੀ ਤ ਗਾਵਹੁ ਗੁਰੂ ਕੇਰੀ ਬਾਣੀਆ ਸਿਰਿ ਬਾਣੀ॥		Baanee Th Gaavahu Guroo Kaeree Baaneeaa Sir Baanee ||	Sing the Guru's Bani, the supreme Word of Words.	ਆਪਣੇ ਗੁਰੂ ਦੀ ਬਾਣੀ ਗਾਵੋ, ਇਹ ਬਾਣੀ ਹੋਰ ਸਭ ਬਾਣੀਆਂ ਨਾਲੋਂ ਸ਼ਿਰੋਮਣੀ ਹੈ।
39434	920	ਜਿਨ ਕਉ ਨਦਰਿ ਕਰਮੁ ਹੋਵੈ ਹਿਰਦੈ ਤਿਨਾ ਸਮਾਣੀ॥		Jin Ko Nadhar Karam Hovai Hiradhai Thinaa Samaanee ||	Those who are blessed by the Lord's Glance of Grace - their hearts are imbued with this Bani.	ਇਹ ਬਾਣੀ ਉਹਨਾਂ ਬੰਦਿਆਂ ਦੇ ਹਿਰਦੇ ਵਿਚ ਹੀ ਟਿਕਦੀ ਹੈ ਜਿਨ੍ਹਾਂ ਉਤੇ ਪਰਮਾਤਮਾ ਦੀ ਮੇਹਰ ਦੀ ਨਜ਼ਰ ਹੋਵੇ, ਬਖ਼ਸ਼ਸ਼ ਹੋਵੇ।

39435	920	ਪੀਵਹੁ ਅੰਮ੍ਰਿਤੁ ਸਦਾ ਰਹਹੁ ਹਰਿ ਰੰਗਿ ਜਪਿਹੁ ਸਾਰਿਗਪਾਣੀ॥	ਰਹ-ਹੁ। ਸਾਰਿਗ-ਪਾਣੀ	Peevahu Anmrith Sadhaa Rehahu Har Rang Japihu Saarigapaanee ||	Drink in this Ambrosial Nectar, and remain in the Lord's Love forever; meditate on the Lord, the Sustainer of the world.	(ਹੇ ਪਿਆਰੇ ਗੁਰਸਿੱਖੋ!) ਪਰਮਾਤਮਾ ਦਾ ਨਾਮ ਸਿਮਰੋ, ਪਰਮਾਤਮਾ ਦੇ ਪਿਆਰ ਵਿਚ ਸਦਾ ਜੁੜੇ ਰਹੋ, ਇਹ (ਆਨੰਦ ਦੇਣ ਵਾਲਾ, ਆਤਮਕ ਹੁਲਾਰਾ ਪੈਦਾ ਕਰਨ ਵਾਲਾ) ਨਾਮ-ਜਲ ਪੀਓ।
39436	920	ਕਹੈ ਨਾਨਕੁ ਸਦਾ ਗਾਵਹੁ ਏਹ ਸਚੀ ਬਾਣੀ॥੨੩॥	ਸੱਚੀ	Kehai Naanak Sadhaa Gaavahu Eaeh Sachee Baanee ||23||	Says Nanak, sing this True Bani forever. ||23||	ਨਾਨਕ ਆਖਦਾ ਹੈ ਕਿ (ਹੇ ਗੁਰਸਿੱਖੋ!) ਪਰਮਾਤਮਾ ਦੀ ਸਿਫ਼ਤ-ਸਾਲਾਹ ਵਾਲੀ ਇਹ ਬਾਣੀ ਸਦਾ ਗਾਵੋ (ਇਸੇ ਵਿਚ ਆਤਮਕ ਆਨੰਦ ਹੈ) ॥੨੩॥
39437	920	ਸਤਿਗੁਰੂ ਬਿਨਾ ਹੋਰ ਕਚੀ ਹੈ ਬਾਣੀ॥	ਕੱਚੀ	Sathiguroo Binaa Hor Kachee Hai Baanee ||	Without the True Guru, other songs are false.	ਗੁਰ-ਆਸ਼ੇ ਤੋਂ ਉਲਟ ਬਾਣੀ (ਮਾਇਆ) ਦੀ ਝਲਕ ਦੇ ਸਾਹਮਣੇ ਥਿੜਕਾ ਦੇਣ ਵਾਲੀ ਹੁੰਦੀ ਹੈ।
39438	920	ਬਾਣੀ ਤ ਕਚੀ ਸਤਿਗੁਰੂ ਬਾਝਹੁ ਹੋਰ ਕਚੀ ਬਾਣੀ॥		Baanee Th Kachee Sathiguroo Baajhahu Hor Kachee Baanee ||	The songs are false without the True Guru; all other songs are false.	ਗੁਰ-ਆਸ਼ੇ ਤੋਂ ਉਲਟ ਬਾਣੀ ਮਨੁੱਖ ਦੇ ਮਨ ਨੂੰ ਆਤਮਕ ਆਨੰਦ ਦੇ ਟਿਕਾਣੇ ਤੋਂ ਹੇਠਾਂ ਡੇਗਦੀ ਹੈ।

39439	920	ਕਹਦੇ ਕਚੇ ਸੁਣਦੇ ਕਚੇ ਕਚੀ ਆਖਿ ਵਖਾਣੀ॥		Kehadhae Kachae Sunadhae Kachae Kachanaee Aakh Vakhaanee ||	The speakers are false, and the listeners are false; those who speak and recite are false.	ਇਹ ਪੱਕੀ ਗੱਲ ਹੈ ਕਿ ਗੁਰ-ਆਸ਼ੇ ਦੇ ਉਲਟ ਜਾਣ ਵਾਲੀ ਬਾਣੀ ਨੂੰ ਸੁਣਨ ਵਾਲਿਆਂ ਦੇ ਮਨ ਕਮਜ਼ੋਰ ਹੋ ਜਾਂਦੇ ਹਨ, ਸੁਣਨ ਵਾਲਿਆਂ ਦੇ ਮਨ ਭੀ ਥਿੜਕ ਜਾਂਦੇ ਹਨ, ਤੇ ਜੋ ਅਜੇਹੀ ਬਾਣੀ ਦੀ ਪੜ੍ਹ ਪੜ੍ਹ ਕੇ ਵਿਆਖਿਆ ਕਰਦੇ ਹਨ, ਉਹ ਭੀ ਕਮਜ਼ੋਰ ਮਨ ਦੇ ਹੋ ਜਾਂਦੇ ਹਨ।
39440	920	ਹਰਿ ਹਰਿ ਨਿਤ ਕਰਹਿ ਰਸਨਾ ਕਹਿਆ ਕਛੂ ਨ ਜਾਣੀ॥		Har Har Nith Karehi Rasanaa Kehiaa Kashhoo N Jaanee ||	They may continually chant, 'Har, Har' with their tongues, but they do not know what they are saying.	ਜੇ ਉਹ ਬੰਦੇ ਜੀਭ-ਨਾਲ ਹਰੀ-ਨਾਮ ਭੀ ਬੋਲਣ ਤਾਂ ਭੀ ਜੋ ਕੁਝ ਉਹ ਬੋਲਦੇ ਹਨ ਉਸ ਨਾਲ ਉਹਨਾਂ ਦੀ ਡੂੰਘੀ ਸਾਂਝ ਨਹੀਂ ਪੈਂਦੀ,
39441	920	ਚਿਤੁ ਜਿਨ ਕਾ ਹਿਰਿ ਲਇਆ ਮਾਇਆ ਬੋਲਨਿ ਪਏ ਰਵਾਣੀ॥	(ਰਵਾਣੀ) ਬਿਅਰਥ, ਕੂੜ	Chith Jin Kaa Hir Laeiaa Maaeiaa Bolan Peae Ravaanee ||	Their consciousness is lured by Maya; they are just reciting mechanically.	ਕਿਉਂਕਿ ਉਹਨਾਂ ਦੇ ਮਨ ਨੂੰ ਮਾਇਆ ਨੇ ਮੋਹ ਰੱਖਿਆ ਹੈ, ਉਹ ਜੋ ਕੁਝ ਬੋਲਦੇ ਹਨ ਜ਼ਬਾਨੀ ਜ਼ਬਾਨੀ ਹੀ ਬੋਲਦੇ ਹਨ।
39442	920	ਕਹੈ ਨਾਨਕੁ ਸਤਿਗੁਰੂ ਬਾਝਹੁ ਹੋਰ ਕਚੀ ਬਾਣੀ॥੨੪॥		Kehai Naanak Sathiguroo Baajhahu Hor Kachee Baanee ||24||	Says Nanak, without the True Guru, other songs are false. ||24||	ਨਾਨਕ ਆਖਦਾ ਹੈ ਕਿ ਗੁਰ-ਆਸ਼ੇ ਤੋਂ ਉਲਟ ਬਾਣੀ ਮਨੁੱਖ ਦੇ ਮਨ ਨੂੰ ਆਤਮਕ ਆਨੰਦ ਦੇ ਟਿਕਾਣੇ ਤੋਂ ਹੇਠਾਂ ਡੇਗਦੀ ਹੈ ॥੨੪॥

39443	920	ਗੁਰ ਕਾ ਸਬਦੁ ਰਤੰਨੁ ਹੈ ਹੀਰੇ ਜਿਤੁ ਜੜਾਉ॥	ਤੰਨੁ:ਟਿੱਪੀ ਔਂਕੜ ਬੋਲ ਰ	Gur Kaa Sabadh Rathann Hai Heerae Jith Jarraao ||	The Word of the Guru's Shabad is a jewel, studded with diamonds.	ਸਤਿਗੁਰੂ ਦਾ ਸ਼ਬਦ ਇਕ ਐਸੀ ਅਮੋਲਕ ਦਾਤ ਹੈ ਜਿਸ ਵਿਚ ਪਰਮਾਤਮਾ ਦੀਆਂ ਵਡਿਆਈਆਂ ਭਰੀਆਂ ਪਈਆਂ ਹਨ।
39444	920	ਸਬਦੁ ਰਤਨੁ ਜਿਤੁ ਮੰਨੁ ਲਾਗਾ ਏਹੁ ਹੋਆ ਸਮਾਉ॥		Sabadh Rathan Jith Mann Laagaa Eaehu Hoaa Samaao ||	The mind which is attached to this jewel, merges into the Shabad.	ਸ਼ਬਦ, ਮਾਨੋ, (ਐਸਾ) ਰਤਨ ਹੈ, ਕਿ ਉਸ ਦੀ ਰਾਹੀਂ (ਮਨੁੱਖ ਦਾ) ਮਨ (ਪਰਮਾਤਮਾ ਦੀ ਯਾਦ ਵਿਚ) ਟਿਕ ਜਾਂਦਾ ਹੈ (ਪਰਮਾਤਮਾ ਵਿਚ) ਇਕ ਅਸਚਰਜ ਲੀਨਤਾ ਬਣੀ ਰਹਿੰਦੀ ਹੈ।
39445	920	ਸਬਦ ਸੇਤੀ ਮਨੁ ਮਿਲਿਆ ਸਚੈ ਲਾਇਆ ਭਾਉ॥		Sabadh Saethee Man Miliaa Sachai Laaeiaa Bhaao ||	One whose mind is attuned to the Shabad, enshrines love for the True Lord.	ਜੇ ਸ਼ਬਦ ਵਿਚ (ਮਨੁੱਖ ਦਾ) ਮਨ ਜੁੜ ਜਾਏ, ਤਾਂ (ਇਸ ਦੀ ਬਰਕਤਿ ਨਾਲ) ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ (ਉਸ ਦਾ) ਪ੍ਰੇਮ ਬਣ ਜਾਂਦਾ ਹੈ।
39446	920	ਆਪੇ ਹੀਰਾ ਰਤਨੁ ਆਪੇ ਜਿਸ ਨੋ ਦੇਇ ਬੁਝਾਇ॥	ਬੁੱਝਾਇ	Aapae Heeraa Rathan Aapae Jis No Dhaee Bujhaae ||	He Himself is the diamond, and He Himself is the jewel; one who is blessed, understands its value.	(ਉਸ ਦੇ ਅੰਦਰ ਪਰਮਾਤਮਾ ਦਾ) ਹੀਰਾ-ਨਾਮ ਹੀ ਟਿਕਿਆ ਰਹਿੰਦਾ ਹੈ, (ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ) ਰਤਨ-ਸ਼ਬਦ ਹੀ ਟਿਕਿਆ ਰਹਿੰਦਾ ਹੈ। (ਪਰ ਇਹ ਦਾਤ ਉਸ ਨੂੰ ਹੀ ਮਿਲਦੀ ਹੈ) ਜਿਸ ਨੂੰ (ਪ੍ਰਭੂ ਆਪ ਇਹ) ਸੁਝ ਬਖ਼ਸ਼ਦਾ ਹੈ।

39447	920	ਕਹੈ ਨਾਨਕੁ ਸਬਦੁ ਰਤਨੁ ਹੈ ਹੀਰਾ ਜਿਤੁ ਜੜਾਉ॥੨੫॥		Kehai Naanak Sabadh Rathan Hai Heeraa Jith Jarraao ||25||	Says Nanak, the Shabad is a jewel, studded with diamonds. ||25||	ਨਾਨਕ ਆਖਦਾ ਹੈ ਕਿ ਗੁਰੂ ਦਾ ਸ਼ਬਦ, ਮਾਨੋ, ਇਕ ਰਤਨ ਹੈ ਜਿਸ ਵਿਚ ਪ੍ਰਭੂ ਦਾ ਨਾਮ-ਰੂਪ ਹੀਰਾ ਜੜਿਆ ਹੋਇਆ ਹੈ ॥੨੫॥
39448	920	ਸਿਵ ਸਕਤਿ ਆਪਿ ਉਪਾਇ ਕੈ ਕਰਤਾ ਆਪੇ ਹੁਕਮੁ ਵਰਤਾਏ॥		Siv Sakath Aap Oupaae Kai Karathaa Aapae Hukam Varathaaeae ||	He Himself created Shiva and Shakti, mind and matter; the Creator subjects them to His Command.	ਜੀਵਾਤਮਾ ਅਤੇ ਮਾਇਆ ਪੈਦਾ ਕਰ ਕੇ ਪਰਮਾਤਮਾ ਆਪ ਹੀ (ਇਹ) ਹੁਕਮ ਵਰਤਾਂਦਾ ਹੈ ਕਿ (ਮਾਇਆ ਦਾ ਜ਼ੋਰ ਜੀਵਾਂ ਉਤੇ ਪਿਆ ਰਹੇ)।
39449	920	ਹੁਕਮੁ ਵਰਤਾਏ ਆਪਿ ਵੇਖੈ ਗੁਰਮੁਖਿ ਕਿਸੈ ਬੁਝਾਏ॥	ਬੁੱਝਾਇ	Hukam Varathaaeae Aap Vaekhai Guramukh Kisai Bujhaaeae ||	Enforcing His Order, He Himself sees all. How rare are those who, as Gurmukh, come to know Him.	ਪ੍ਰਭੂ ਆਪ ਹੀ ਇਹ ਹੁਕਮ ਵਰਤਾਂਦਾ ਹੈ, ਆਪ ਹੀ ਇਹ ਖੇਡ ਵੇਖਦਾ ਹੈ (ਕਿ ਕਿਸ ਤਰ੍ਹਾਂ ਜੀਵ ਮਾਇਆ ਦੇ ਹੱਥਾਂ ਉਤੇ ਨੱਚ ਰਹੇ ਹਨ), ਕਿਸੇ ਕਿਸੇ ਵਿਰਲੇ ਨੂੰ ਗੁਰੂ ਦੀ ਰਾਹੀਂ (ਇਸ ਖੇਡ ਦੀ) ਸੂਝ ਦੇ ਦੇਂਦਾ ਹੈ।
39450	920	ਤੋੜੇ ਬੰਧਨ ਹੋਵੈ ਮੁਕਤੁ ਸਬਦੁ ਮੰਨਿ ਵਸਾਏ॥	ਮੰਨਿ:ਟਿੱਪੀ ਬੋਲ	Thorrae Bandhhan Hovai Mukath Sabadh Mann Vasaaeae ||	They break their bonds, and attain liberation; they enshrine the Shabad within their minds.	(ਜਿਸ ਨੂੰ ਸੂਝ ਬਖ਼ਸ਼ਦਾ ਹੈ ਉਸ ਦੇ) ਮਾਇਆ (ਦੇ ਮੋਹ) ਦੇ ਬੰਧਨ ਤੋੜ ਦੇਂਦਾ ਹੈ, ਉਹ ਬੰਦਾ ਮਾਇਆ ਦੇ ਬੰਧਨਾਂ ਤੋਂ ਸੁਤੰਤਰ ਹੋ ਜਾਂਦਾ ਹੈ (ਕਿਉਂਕਿ) ਉਹ ਗੁਰੂ ਦਾ ਸ਼ਬਦ ਆਪਣੇ ਮਨ ਵਿਚ ਵਸਾ ਲੈਂਦਾ ਹੈ।

39451	920	ਗੁਰਮੁਖਿ ਜਿਸ ਨੋ ਆਪਿ ਕਰੇ ਸੁ ਹੋਵੈ ਏਕਸ ਸਿਉ ਲਿਵ ਲਾਏ॥		Guramukh Jis No Aap Karae S Hovai Eaekas Sio Liv Laaeae ||	Those whom the Lord Himself makes Gurmukh, lovingly focus their consciousness on the One Lord.	ਗੁਰੂ ਦੇ ਦੱਸੇ ਰਾਹ ਉਤੇ ਤੁਰਨ ਜੋਗਾ ਉਹੀ ਮਨੁੱਖ ਹੁੰਦਾ ਹੈ ਜਿਸ ਨੂੰ ਪ੍ਰਭੂ ਇਹ ਸਮਰੱਥਾ ਦੇਂਦਾ ਹੈ, ਉਹ ਮਨੁੱਖ ਇਕ ਪਰਮਾਤਮਾ ਦੇ ਚਰਨਾਂ ਵਿਚ ਸੁਰਤ ਜੋੜਦਾ ਹੈ (ਉਸ ਦੇ ਅੰਦਰ ਆਤਮਕ ਆਨੰਦ ਬਣਦਾ ਹੈ, ਤੇ ਉਹ ਮਾਇਆ ਦੇ ਮੋਹ ਵਿਚੋਂ ਨਿਕਲਦਾ ਹੈ)।
39452	920	ਕਹੈ ਨਾਨਕੁ ਆਪਿ ਕਰਤਾ ਆਪੇ ਹੁਕਮੁ ਬੁਝਾਏ॥੨੬॥		Kehai Naanak Aap Karathaa Aapae Hukam Bujhaaeae ||26||	Says Nanak, He Himself is the Creator; He Himself reveals the Hukam of His Command. ||26||	ਨਾਨਕ ਆਖਦਾ ਹੈ ਕਿ ਪਰਮਾਤਮਾ ਆਪ ਹੀ (ਜੀਵਾਤਮਾ ਤੇ ਮਾਇਆ ਦੀ) ਰਚਨਾ ਕਰਦਾ ਹੈ ਤੇ ਆਪ ਹੀ (ਕਿਸੇ ਵਿਰਲੇ ਨੂੰ ਇਹ) ਸੂਝ ਬਖ਼ਸ਼ਦਾ ਹੈ (ਕਿ ਮਾਇਆ ਦਾ ਪ੍ਰਭਾਵ ਭੀ ਉਸ ਦਾ ਆਪਣਾ ਹੀ) ਹੁਕਮ (ਜਗਤ ਵਿਚ ਵਰਤ ਰਿਹਾ) ਹੈ ॥੨੬॥
39453	920	ਸਿਮ੍ਰਿਤਿ ਸਾਸਤ੍ਰ ਪੁੰਨ ਪਾਪ ਬੀਚਾਰਦੇ ਤਤੈ ਸਾਰ ਨ ਜਾਣੀ॥	ਸਿਮ-ਿ੍ਰਤਿ:ਮ ਮੁਕਤਾ ਬੋਲੋ, ਅੱਧੇ ਰਾਰੇ ਸਿਹਾਰੀ ਲਾ ਕੇ,ਪੋਲਾ ਬੋਲੋ, ਸਿਹਾਰੀ ਤੱਤੇ ਨੂੰ ਭੀ ਲਾਉ	Simrith Saasathr Punn Paap Beechaaradhae Thathai Saar N Jaanee ||	The Simritees and the Shaastras discriminate between good and evil, but they do not know the true essence of reality.	ਸਿੰਮ੍ਰਿਤੀਆਂ ਸ਼ਾਸਤ੍ਰ ਆਦਿਕ ਪੜ੍ਹਨ ਵਾਲੇ ਪੰਡਿਤ ਸਿਰਫ਼ ਇਹੀ ਵਿਚਾਰਾਂ ਕਰਦੇ ਹਨ ਕਿ (ਇਹਨਾਂ ਪੁਸਤਕਾਂ ਅਨੁਸਾਰ) ਪਾਪ ਕੀਹ ਹੈ ਤੇ ਪੁੰਨ ਕੀਹ ਹੈ, ਉਹਨਾਂ ਨੂੰ ਆਤਮਕ ਆਨੰਦ ਦਾ ਰਸ ਨਹੀਂ ਆ ਸਕਦਾ।

39454	920	ਤਤੈ ਸਾਰ ਨ ਜਾਣੀ ਗੁਰੂ ਬਾਝਹੁ ਤਤੈ ਸਾਰ ਨ ਜਾਣੀ॥		Thathai Saar N Jaanee Guroo Baajhahu Thathai Saar N Jaanee ||	They do not know the true essence of reality without the Guru; they do not know the true essence of reality.	(ਇਹ ਗੱਲ ਯਕੀਨੀ ਜਾਣੋ ਕਿ) ਸਤਿਗੁਰੂ ਦੀ ਸਰਨ ਆਉਣ ਤੋਂ ਬਿਨਾ ਆਤਮਕ ਆਨੰਦ ਦਾ ਰਸ ਨਹੀਂ ਆ ਸਕਦਾ।
39455	920	ਤਿਹੀ ਗੁਣੀ ਸੰਸਾਰੁ ਭ੍ਰਮਿ ਸੁਤਾ ਸੁਤਿਆ ਰੈਣਿ ਵਿਹਾਣੀ॥		Thihee Gunee Sansaar Bhram Suthaa Suthiaa Rain Vihaanee ||	The world is asleep in the three modes and doubt; it passes the night of its life sleeping.	ਜਗਤ ਤਿੰਨਾਂ ਗੁਣਾਂ ਵਿਚ ਹੀ ਭਟਕ ਭਟਕ ਕੇ ਗ਼ਾਫ਼ਿਲ ਹੋਇਆ ਪਿਆ ਹੈ, ਮਾਇਆ ਦੇ ਮੋਹ ਵਿਚ ਸੁੱਤਿਆਂ ਦੀ ਹੀ ਸਾਰੀ ਉਮਰ ਗੁਜ਼ਰ ਜਾਂਦੀ ਹੈ (ਸਿੰਮ੍ਰਿਤੀਆਂ ਸ਼ਾਸਤ੍ਰਾਂ ਦੀਆਂ ਵਿਚਾਰਾਂ ਇਸ ਨੀਂਦ ਵਿਚੋਂ ਜਗਾ ਨਹੀਂ ਸਕਦੀਆਂ)।
39456	920	ਗੁਰ ਕਿਰਪਾ ਤੇ ਸੇ ਜਨ ਜਾਗੇ ਜਿਨਾ ਹਰਿ ਮਨਿ ਵਸਿਆ ਬੋਲਹਿ ਅੰਮ੍ਰਿਤ ਬਾਣੀ॥		Gur Kirapaa Thae Sae Jan Jaagae Jinaa Har Man Vasiaa Bolehi Anmrith Baanee ||	Those humble beings remain awake and aware, within whose minds, by Guru's Grace, the Lord abides; they chant the Ambrosial Word of the Guru's Bani.	(ਮੋਹ ਦੀ ਨੀਂਦ ਵਿਚੋਂ) ਗੁਰੂ ਦੀ ਕਿਰਪਾ ਨਾਲ (ਸਿਰਫ਼) ਉਹ ਮਨੁੱਖ ਜਾਗਦੇ ਹਨ ਜਿਨ੍ਹਾਂ ਦੇ ਅੰਦਰ ਪਰਮਾਤਮਾ ਦਾ ਨਾਮ ਵੱਸਦਾ ਹੈ ਜੋ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਉਚਾਰਦੇ ਹਨ।

39457	920	ਕਹੈ ਨਾਨਕੁ ਸੋ ਤਤੁ ਪਾਏ ਜਿਸ ਨੋ ਅਨਦਿਨੁ ਹਰਿ ਲਿਵ ਲਾਗੈ ਜਾਗਤ ਰੈਣਿ ਵਿਹਾਣੀ॥੨੭॥	ਤੱਤੁ	Kehai Naanak So Thath Paaeae Jis No Anadhin Har Liv Laagai Jaagath Rain Vihaanee ||27||	Says Nanak, they alone obtain the essence of reality, who night and day remain lovingly absorbed in the Lord; they pass the night of their life awake and aware. ||27||	ਨਾਨਕ ਆਖਦਾ ਹੈ ਕਿ ਉਹੀ ਮਨੁੱਖ ਆਤਮਕ ਆਨੰਦ ਮਾਣਦਾ ਹੈ ਜੋ ਹਰ ਵੇਲੇ ਪ੍ਰਭੂ ਦੀ ਯਾਦ ਦੀ ਲਗਨ ਵਿਚ ਟਿਕਿਆ ਰਹਿੰਦਾ ਹੈ, ਤੇ ਜਿਸ ਦੀ ਉਮਰ (ਇਸ ਤਰ੍ਹਾਂ ਮੋਹ ਦੀ ਨੀਂਦ ਵਿਚੋਂ) ਜਾਗਦਿਆਂ ਬੀਤਦੀ ਹੈ ॥੨੭॥
39458	920	ਮਾਤਾ ਕੇ ਉਦਰ ਮਹਿ ਪ੍ਰਤਿਪਾਲ ਕਰੇ ਸੋ ਕਿਉ ਮਨਹੁ ਵਿਸਾਰੀਐ॥	ਉਦ-ਰ	Maathaa Kae Oudhar Mehi Prathipaal Karae So Kio Manahu Visaareeai ||	He nourished us in the mother's womb; why forget Him from the mind?	(ਜੇ ਆਤਮਕ ਆਨੰਦ ਪ੍ਰਾਪਤ ਕਰਨਾ ਹੈ ਤਾਂ) ਉਸ ਪਰਮਾਤਮਾ ਨੂੰ ਕਦੇ ਭੁਲਾਣਾ ਨਹੀਂ ਚਾਹੀਦਾ, ਜੋ ਮਾਂ ਦੇ ਪੇਟ ਵਿਚ (ਭੀ) ਪਾਲਣਾ ਕਰਦਾ ਹੈ।
39459	920	ਮਨਹੁ ਕਿਉ ਵਿਸਾਰੀਐ ਏਵਡੁ ਦਾਤਾ ਜਿ ਅਗਨਿ ਮਹਿ ਆਹਾਰੁ ਪਹੁਚਾਵਏ॥	ਪਹੁਚਾ-ਵਏ	Manahu Kio Visaareeai Eaevadd Dhaathaa J Agan Mehi Aahaar Pahuchaaveae ||	Why forget from the mind such a Great Giver, who gave us sustenance in the fire of the womb?	ਇਤਨੇ ਵੱਡੇ ਦਾਤੇ ਨੂੰ ਮਨੋਂ ਭੁਲਾਣਾ ਨਹੀਂ ਚਾਹੀਦਾ ਜੋ (ਮਾਂ ਦੇ ਪੇਟ ਦੀ) ਅੱਗ ਵਿਚ (ਭੀ) ਖ਼ੁਰਾਕ ਅਪੜਾਂਦਾ ਹੈ।

39460	920	ਓਸ ਨੋ ਕਿਹੁ ਪੋਹਿ ਨ ਸਕੀ ਜਿਸ ਨਉ ਆਪਣੀ ਲਿਵ ਲਾਵਏ॥	ਲਾ-ਵਏ	Ous No Kihu Pohi N Sakee Jis No Aapanee Liv Laaveae ||	Nothing can harm one, whom the Lord inspires to embrace His Love.	(ਇਹ ਮੋਹ ਹੀ ਹੈ ਜੋ ਆਨੰਦ ਤੋਂ ਵਾਂਜਿਆਂ ਰੱਖਦਾ ਹੈ, ਪਰ) ਉਸ ਬੰਦੇ ਨੂੰ (ਮੋਹ ਆਦਿਕ) ਕੁਝ ਭੀ ਪੋਹ ਨਹੀਂ ਸਕਦਾ ਜਿਸ ਨੂੰ ਪ੍ਰਭੂ ਆਪਣੇ ਚਰਨਾਂ ਦੀ ਪ੍ਰੀਤ ਬਖ਼ਸ਼ਦਾ ਹੈ।
39461	921	ਆਪਣੀ ਲਿਵ ਆਪੇ ਲਾਏ ਗੁਰਮੁਖਿ ਸਦਾ ਸਮਾਲੀਐ॥		Aapanee Liv Aapae Laaeae Guramukh Sadhaa Samaaleeai ||	He Himself is the love, and He Himself is the embrace; the Gurmukh contemplates Him forever.	(ਪਰ ਜੀਵ ਦੇ ਕੀਹ ਵੱਸ?) ਪ੍ਰਭੂ ਆਪ ਹੀ ਆਪਣੀ ਪ੍ਰੀਤ ਦੀ ਦਾਤ ਦੇਂਦਾ ਹੈ। ਗੁਰੂ ਦੀ ਸਰਨ ਪੈ ਕੇ ਉਸ ਨੂੰ ਸਿਮਰਦੇ ਰਹਿਣਾ ਚਾਹੀਦਾ ਹੈ।
39462	921	ਕਹੈ ਨਾਨਕੁ ਏਵਡੁ ਦਾਤਾ ਸੋ ਕਿਉ ਮਨਹੁ ਵਿਸਾਰੀਐ॥੨੮॥		Kehai Naanak Eaevadd Dhaathaa So Kio Manahu Visaareeai ||28||	Says Nanak, why forget such a Great Giver from the mind? ||28||	ਨਾਨਕ ਆਖਦਾ ਹੈ ਕਿ (ਜੇ ਆਤਮਕ ਆਨੰਦ ਦੀ ਲੋੜ ਹੈ ਤਾਂ) ਇਤਨੇ ਵੱਡੇ ਦਾਤਾਰ ਪ੍ਰਭੂ ਨੂੰ ਕਦੇ ਭੀ ਭੁਲਾਣਾ ਨਹੀਂ ਚਾਹੀਦਾ ॥੨੮॥
39463	921	ਜੈਸੀ ਅਗਨਿ ਉਦਰ ਮਹਿ ਤੈਸੀ ਬਾਹਰਿ ਮਾਇਆ॥	ਬਾਹ-ਰਿ	Jaisee Agan Oudhar Mehi Thaisee Baahar Maaeiaa ||	As is the fire within the womb, so is Maya outside.	ਜਿਵੇਂ ਮਾਂ ਦੇ ਪੇਟ ਵਿਚ ਅੱਗ ਹੈ ਤਿਵੇਂ ਬਾਹਰ ਜਗਤ ਵਿਚ ਮਾਇਆ (ਦੁਖਦਾਈ) ਹੈ।

39464	921	ਮਾਇਆ ਅਗਨਿ ਸਭ ਇਕੋ ਜੇਹੀ ਕਰਤੈ ਖੇਲੁ ਰਚਾਇਆ॥		Maaeiaa Agan Sabh Eiko Jaehee Karathai Khael Rachaaeiaa ||	The fire of Maya is one and the same; the Creator has staged this play.	ਮਾਇਆ ਤੇ ਅੱਗ ਇਕੋ ਜਿਹੀਆਂ ਹੀ ਹਨ, ਕਰਤਾਰ ਨੇ ਐਸੀ ਹੀ ਖੇਡ ਰਚ ਦਿੱਤੀ ਹੈ।
39465	921	ਜਾ ਤਿਸੁ ਭਾਣਾ ਤਾ ਜੰਮਿਆ ਪਰਵਾਰਿ ਭਲਾ ਭਾਇਆ॥		Jaa This Bhaanaa Thaa Janmiaa Paravaar Bhalaa Bhaaeiaa ||	According to His Will, the child is born, and the family is very pleased.	ਜਦੋਂ ਪਰਮਾਤਮਾ ਦੀ ਰਜ਼ਾ ਹੁੰਦੀ ਹੈ ਜੀਵ ਪੈਦਾ ਹੁੰਦਾ ਹੈ ਪਰਵਾਰ ਵਿਚ ਪਿਆਰਾ ਲੱਗਦਾ ਹੈ।
39466	921	ਲਿਵ ਛੁੜਕੀ ਲਗੀ ਤ੍ਰਿਸਨਾ ਮਾਇਆ ਅਮਰੁ ਵਰਤਾਇਆ॥		Liv Shhurrakee Lagee Thrisanaa Maaeiaa Amar Varathaaeiaa ||	Love for the Lord wears off, and the child becomes attached to desires; the script of Maya runs its course.	(ਪਰਵਾਰ ਦੇ ਜੀਵ ਉਸ ਨਵੇਂ ਜੰਮੇ ਬਾਲ ਨੂੰ ਪਿਆਰ ਕਰਦੇ ਹਨ, ਇਸ ਪਿਆਰ ਵਿਚ ਫਸ ਕੇ ਉਸ ਦੀ ਪ੍ਰਭੂ-ਚਰਨਾਂ ਨਾਲੋਂ) ਪ੍ਰੀਤ ਦੀ ਤਾਰ ਟੁੱਟ ਜਾਂਦੀ ਹੈ, ਮਾਇਆ ਦੀ ਤ੍ਰਿਸ਼ਨਾ ਆ ਚੰਬੜਦੀ ਹੈ, ਮਾਇਆ (ਉਸ ਉਤੇ) ਆਪਣਾ ਜ਼ੋਰ ਪਾ ਲੈਂਦੀ ਹੈ।
39467	921	ਏਹ ਮਾਇਆ ਜਿਤੁ ਹਰਿ ਵਿਸਰੈ ਮੋਹੁ ਉਪਜੈ ਭਾਉ ਦੂਜਾ ਲਾਇਆ॥		Eaeh Maaeiaa Jith Har Visarai Mohu Oupajai Bhaao Dhoojaa Laaeiaa ||	This is Maya, by which the Lord is forgotten; emotional attachment and love of duality well up.	ਮਾਇਆ ਹੈ ਹੀ ਐਸੀ ਕਿ ਇਸ ਦੀ ਰਾਹੀਂ ਰੱਬ ਭੁੱਲ ਜਾਂਦਾ ਹੈ, (ਦੁਨੀਆ ਦਾ) ਮੋਹ ਪੈਦਾ ਹੋ ਜਾਂਦਾ ਹੈ, (ਰੱਬ ਤੋਂ ਬਿਨਾ) ਹੋਰ ਹੋਰ ਪਿਆਰ ਉਪਜ ਪੈਂਦਾ ਹੈ (ਫਿਰ ਅਜੇਹੀ ਹਾਲਤ ਵਿਚ ਆਤਮਕ ਆਨੰਦ ਕਿਥੋਂ ਮਿਲੇ?)

39468	921	ਕਹੈ ਨਾਨਕੁ ਗੁਰ ਪਰਸਾਦੀ ਜਿਨਾ ਲਿਵ ਲਾਗੀ ਤਿਨੀ ਵਿਚੇ ਮਾਇਆ ਪਾਇਆ॥੨੯॥		Kehai Naanak Gur Parasaadhee Jinaa Liv Laagee Thinee Vichae Maaeiaa Paaeiaa ||29||	Says Nanak, by Guru's Grace, those who enshrine love for the Lord find Him, in the midst of Maya. ||29||	ਨਾਨਕ ਆਖਦਾ ਹੈ ਕਿ ਗੁਰੂ ਦੀ ਕਿਰਪਾ ਨਾਲ ਜਿਨ੍ਹਾਂ ਬੰਦਿਆਂ ਦੀ ਪ੍ਰੀਤ ਦੀ ਡੋਰ ਪ੍ਰਭੂ-ਚਰਨਾਂ ਵਿਚ ਜੁੜੀ ਰਹਿੰਦੀ ਹੈ, ਉਹਨਾਂ ਨੂੰ ਮਾਇਆ ਵਿਚ ਵਰਤਦਿਆਂ ਹੀ (ਆਤਮਕ ਆਨੰਦ) ਮਿਲ ਪੈਂਦਾ ਹੈ ॥੨੯॥
39469	921	ਹਰਿ ਆਪਿ ਅਮੁਲਕੁ ਹੈ ਮੁਲਿ ਨ ਪਾਇਆ ਜਾਇ॥	ਮੁੱਲਿ	Har Aap Amulak Hai Mul N Paaeiaa Jaae ||	The Lord Himself is priceless; His worth cannot be estimated.	(ਜਦ ਤਕ ਪਰਮਾਤਮਾ ਦਾ ਮਿਲਾਪ ਨਾ ਹੋਵੇ ਤਦ ਤਕ ਆਨੰਦ ਨਹੀਂ ਮਾਣਿਆ ਜਾ ਸਕਦਾ, ਪਰ) ਪ੍ਰਭੂ ਦਾ ਮੁੱਲ ਨਹੀਂ ਪੈ ਸਕਦਾ, ਪਰਮਾਤਮਾ (ਧਨ ਆਦਿਕ) ਕਿਸੇ ਕੀਮਤ ਤੋਂ ਨਹੀਂ ਮਿਲ ਸਕਦਾ।
39470	921	ਮੁਲਿ ਨ ਪਾਇਆ ਜਾਇ ਕਿਸੈ ਵਿਟਹੁ ਰਹੇ ਲੋਕ ਵਿਲਲਾਇ॥		Mul N Paaeiaa Jaae Kisai Vittahu Rehae Lok Vilalaae ||	His worth cannot be estimated, even though people have grown weary of trying.	ਜੀਵ ਖਪ ਖਪ ਕੇ ਹਾਰ ਗਏ, ਕਿਸੇ ਨੂੰ (ਧਨ ਆਦਿਕ) ਕੀਮਤ ਦੇ ਕੇ ਪਰਮਾਤਮਾ ਨਹੀਂ ਮਿਲਿਆ।

39471	921	ਐਸਾ ਸਤਿਗੁਰੁ ਜੇ ਮਿਲੈ ਤਿਸ ਨੋ ਸਿਰੁ ਸਉਪੀਐ ਵਿਚਹੁ ਆਪੁ ਜਾਇ॥		Aisaa Sathigur Jae Milai This No Sir Soupeeai Vichahu Aap Jaae ||	If you meet such a True Guru, offer your head to Him; your selfishness and conceit will be eradicated from within.	(ਹਾਂ,) ਜੇ ਅਜੇਹਾ ਗੁਰੂ ਮਿਲ ਪਏ (ਜਿਸ ਦੇ ਮਿਲਿਆਂ ਮਨੁੱਖ ਦੇ ਅੰਦਰੋਂ ਆਪਾ-ਭਾਵ ਨਿਕਲ ਜਾਏ) ਤਾਂ ਉਸ ਗੁਰੂ ਦੇ ਅੱਗੇ ਆਪਣਾ ਸਿਰ ਭੇਟ ਕਰ ਦੇਣਾ ਚਾਹੀਦਾ ਹੈ (ਆਪਣਾ ਆਪ ਅਰਪਣ ਕਰ ਦੇਣਾ ਚਾਹੀਦਾ ਹੈ),
39472	921	ਜਿਸ ਦਾ ਜੀਉ ਤਿਸੁ ਮਿਲਿ ਰਹੈ ਹਰਿ ਵਸੈ ਮਨਿ ਆਇ॥		Jis Dhaa Jeeo This Mil Rehai Har Vasai Man Aae ||	Your soul belongs to Him; remain united with Him, and the Lord will come to dwell in your mind.	(ਤੇ ਜਿਸ ਗੁਰੂ ਦੇ ਮਿਲਿਆਂ) ਜੀਵ ਉਸ ਹਰੀ ਦੇ ਚਰਨਾਂ ਵਿਚ ਜੁੜਿਆ ਰਹੇ ਉਹ ਹਰੀ ਉਸ ਦੇ ਮਨ ਵਿਚ ਵੱਸ ਪਏ ਜਿਸ ਦਾ ਇਹ ਪੈਦਾ ਕੀਤਾ ਹੋਇਆ ਹੈ।
39473	921	ਹਰਿ ਆਪਿ ਅਮੁਲਕੁ ਹੈ ਭਾਗ ਤਿਨਾ ਕੇ ਨਾਨਕਾ ਜਿਨ ਹਰਿ ਪਲੈ ਪਾਇ॥੩੦॥	ਅ-ਮੁੱਲਕੁ। ਪੱਲੈ	Har Aap Amulak Hai Bhaag Thinaa Kae Naanakaa Jin Har Palai Paae ||30||	The Lord Himself is priceless; very fortunate are those, O Nanak, who attain to the Lord. ||30||	ਹੇ ਨਾਨਕ! ਪਰਮਾਤਮਾ ਦਾ ਮੁੱਲ ਨਹੀਂ ਪੈ ਸਕਦਾ (ਕਿਸੇ ਕੀਮਤ ਤੋਂ ਨਹੀਂ ਮਿਲਦਾ, ਪਰ) ਪਰਮਾਤਮਾ ਜਿਨ੍ਹਾਂ ਨੂੰ (ਗੁਰੂ ਦੇ) ਲੜ ਲਾ ਦੇਂਦਾ ਹੈ ਉਹਨਾਂ ਦੇ ਭਾਗ ਜਾਗ ਪੈਂਦੇ ਹਨ (ਉਹ ਆਤਮਕ ਆਨੰਦ ਮਾਣਦੇ ਹਨ) ॥੩੦॥
39474	921	ਹਰਿ ਰਾਸਿ ਮੇਰੀ ਮਨੁ ਵਣਜਾਰਾ॥		Har Raas Maeree Man Vanajaaraa ||	The Lord is my capital; my mind is the merchant.	ਪਰਮਾਤਮਾ ਦਾ ਨਾਮ ਮੇਰੀ ਰਾਸਿ-ਪੂੰਜੀ ਹੈ ਤੇ ਮੇਰਾ ਮਨ ਵਪਾਰੀ ਹੋ ਗਿਆ ਹੈ।

39475	921	ਹਰਿ ਰਾਸਿ ਮੇਰੀ ਮਨੁ ਵਣਜਾਰਾ ਸਤਿਗੁਰ ਤੇ ਰਾਸਿ ਜਾਣੀ॥		Har Raas Maeree Man Vanajaaraa Sathigur Thae Raas Jaanee ||	The Lord is my capital, and my mind is the merchant; through the True Guru, I know my capital.	ਆਪਣੇ ਗੁਰੂ ਤੋਂ ਮੈਨੂੰ ਸਮਝ ਆਈ ਹੈ ਕਿ (ਆਤਮਕ ਆਨੰਦ ਦੀ ਖੱਟੀ ਖੱਟਣ ਲਈ) ਪਰਮਾਤਮਾ ਦਾ ਨਾਮ ਹੀ ਮੇਰੀ ਰਾਸਿ-ਪੂੰਜੀ (ਹੋ ਸਕਦੀ ਹੈ), ਮੇਰਾ ਮਨ (ਇਸ ਵਣਜ ਦਾ) ਵਪਾਰੀ ਬਣ ਗਿਆ ਹੈ।
39476	921	ਹਰਿ ਹਰਿ ਨਿਤ ਜਪਿਹੁ ਜੀਅਹੁ ਲਾਹਾ ਖਟਿਹੁ ਦਿਹਾੜੀ॥	ਖੱਟਿਹੁ	Har Har Nith Japihu Jeeahu Laahaa Khattihu Dhihaarree ||	Meditate continually on the Lord, Har, Har, O my soul, and you shall collect your profits daily.	ਤੁਸੀ ਭੀ ਪ੍ਰੇਮ ਨਾਲ ਸਦਾ ਹਰੀ ਦਾ ਨਾਮ ਜਪਿਆ ਕਰੋ, ਤੇ ਹਰ ਰੋਜ਼ (ਆਤਮਕ ਆਨੰਦ ਦਾ) ਲਾਭ ਖੱਟੋ।
39477	921	ਏਹੁ ਧਨੁ ਤਿਨਾ ਮਿਲਿਆ ਜਿਨ ਹਰਿ ਆਪੇ ਭਾਣਾ॥		Eaehu Dhhan Thinaa Miliaa Jin Har Aapae Bhaanaa ||	This wealth is obtained by those who are pleasing to the Lord's Will.	(ਹਰੀ-ਨਾਮ ਦਾ, ਆਤਮਕ ਆਨੰਦ ਦਾ) ਇਹ ਧਨ ਉਹਨਾਂ ਨੂੰ ਹੀ ਮਿਲਦਾ ਹੈ, ਜਿਨ੍ਹਾਂ ਨੂੰ ਦੇਣਾ ਪ੍ਰਭੂ ਨੂੰ ਆਪ ਹੀ ਚੰਗਾ ਲੱਗਦਾ ਹੈ।
39478	921	ਕਹੈ ਨਾਨਕੁ ਹਰਿ ਰਾਸਿ ਮੇਰੀ ਮਨੁ ਹੋਆ ਵਣਜਾਰਾ॥੩੧॥		Kehai Naanak Har Raas Maeree Man Hoaa Vanajaaraa ||31||	Says Nanak, the Lord is my capital, and my mind is the merchant. ||31||	ਨਾਨਕ ਆਖਦਾ ਹੈ ਕਿ ਪਰਮਾਤਮਾ ਦਾ ਨਾਮ ਮੇਰੀ ਪੂੰਜੀ ਬਣ ਗਈ ਹੈ (ਹੁਣ ਗੁਰੂ ਦੀ ਕਿਰਪਾ ਨਾਲ ਮੈਂ ਆਤਮਕ ਆਨੰਦ ਦੀ ਖੱਟੀ ਖੱਟਦਾ ਹਾਂ) ॥੩੧॥

39479	921	ਏ ਰਸਨਾ ਤੂ ਅਨ ਰਸਿ ਰਾਚਿ ਰਹੀ ਤੇਰੀ ਪਿਆਸ ਨ ਜਾਇ॥		Eae Rasanaa Thoo An Ras Raach Rehee Thaeree Piaas N Jaae ||	O my tongue, you are engrossed in other tastes, but your thirsty desire is not quenched.	ਹੇ (ਮੇਰੀ) ਜੀਭ! ਤੂੰ ਹੋਰ ਹੋਰ ਸੁਆਦ ਵਿਚ ਮਸਤ ਹੋ ਰਹੀ ਹੈਂ, (ਇਸ ਤਰ੍ਹਾਂ) ਤੇਰਾ ਸੁਆਦਾਂ ਦਾ ਚਸਕਾ ਦੂਰ ਨਹੀਂ ਹੋ ਸਕਦਾ।
39480	921	ਪਿਆਸ ਨ ਜਾਇ ਹੋਰਤੁ ਕਿਤੈ ਜਿਚਰੁ ਹਰਿ ਰਸੁ ਪਲੈ ਨ ਪਾਇ॥		Piaas N Jaae Horath Kithai Jichar Har Ras Palai N Paae ||	Your thirst shall not be quenched by any means, until you attain the subtle essence of the Lord.	ਜਿਤਨਾ ਚਿਰ ਪਰਮਾਤਮਾ ਦੇ ਸਿਮਰਨ ਦਾ ਆਨੰਦ ਪ੍ਰਾਪਤ ਨਾ ਹੋਵੇ, (ਉਤਨਾ ਚਿਰ) ਕਿਸੇ ਹੋਰ ਥਾਂ ਤੋਂ ਸੁਆਦਾਂ ਦਾ ਚਸਕਾ ਮਿਟ ਨਹੀਂ ਸਕਦਾ।
39481	921	ਹਰਿ ਰਸੁ ਪਾਇ ਪਲੈ ਪੀਐ ਹਰਿ ਰਸੁ ਬਹੁੜਿ ਨ ਤ੍ਰਿਸਨਾ ਲਾਗੈ ਆਇ॥		Har Ras Paae Palai Peeai Har Ras Bahurr N Thrisanaa Laagai Aae ||	If you do obtain the subtle essence of the Lord, and drink in this essence of the Lord, you shall not be troubled by desire again.	ਜਿਸ ਮਨੁੱਖ ਨੂੰ ਪਰਮਾਤਮਾ ਦੇ ਨਾਮ ਦਾ ਆਨੰਦ ਮਿਲ ਜਾਏ, ਜੋ ਮਨੁੱਖ ਹਰੀ-ਸਿਮਰਨ ਦਾ ਸੁਆਦ ਮਾਣਨ ਲੱਗ ਪਏ, ਉਸ ਨੂੰ ਮਾਇਆ ਦੀ ਤ੍ਰਿਸ਼ਨਾ ਨਹੀਂ ਪੋਹ ਸਕਦੀ।
39482	921	ਏਹੁ ਹਰਿ ਰਸੁ ਕਰਮੀ ਪਾਈਐ ਸਤਿਗੁਰੁ ਮਿਲੈ ਜਿਸੁ ਆਇ॥		Eaehu Har Ras Karamee Paaeeai Sathigur Milai Jis Aae ||	This subtle essence of the Lord is obtained by good karma, when one comes to meet with the True Guru.	ਪਰ ਇਹ ਹਰੀ-ਨਾਮ ਦਾ ਆਨੰਦ ਪ੍ਰਭੂ ਦੀ ਮੇਹਰ ਨਾਲ ਮਿਲਦਾ ਹੈ (ਉਸ ਨੂੰ ਮਿਲਦਾ ਹੈ) ਜਿਸ ਨੂੰ ਗੁਰੂ ਮਿਲੇ।

39483	921	ਕਹੈ ਨਾਨਕੁ ਹੋਰਿ ਅਨ ਰਸ ਸਭਿ ਵੀਸਰੇ ਜਾ ਹਰਿ ਵਸੈ ਮਨਿ ਆਇ॥੩੨॥		Kehai Naanak Hor An Ras Sabh Veesarae Jaa Har Vasai Man Aae ||32||	Says Nanak, all other tastes and essences are forgotten, when the Lord comes to dwell within the mind. ||32||	ਨਾਨਕ ਆਖਦਾ ਹੈ ਕਿ ਜਦੋਂ ਹਰੀ-ਸਿਮਰਨ ਦਾ ਆਨੰਦ ਮਨ ਵਿਚ ਵੱਸ ਪਏ, ਤਦੋਂ ਹੋਰ ਹੋਰ ਸਾਰੇ ਚਸਕੇ ਭੁੱਲ ਜਾਂਦੇ ਹਨ ॥੩੨॥
39484	921	ਏ ਸਰੀਰਾ ਮੇਰਿਆ ਹਰਿ ਤੁਮ ਮਹਿ ਜੋਤਿ ਰਖੀ ਤਾ ਤੂ ਜਗ ਮਹਿ ਆਇਆ॥		Eae Sareeraa Maeriaa Har Thum Mehi Joth Rakhee Thaa Thoo Jag Mehi Aaeiaa ||	O my body, the Lord infused His Light into you, and then you came into the world.	ਮੇਰੇ ਸਰੀਰ! (ਤੂੰ ਦੁਨੀਆ ਦੇ ਪਦਾਰਥਾਂ ਵਿਚੋਂ ਅਨੰਦ ਢੂੰਢਦਾ ਹੈਂ, ਪਰ ਆਨੰਦ ਦਾ ਸੋਮਾ ਤਾਂ ਪਰਮਾਤਮਾ ਹੈ ਜੋ ਤੇਰੇ ਅੰਦਰ ਵੱਸਦਾ ਹੈ) ਤੂੰ ਜਗਤ ਵਿਚ ਆਇਆ ਹੀ ਤਦੋਂ, ਜਦੋਂ ਹਰੀ ਨੇ ਆਪਣੀ ਜੋਤਿ ਤੇਰੇ ਅੰਦਰ ਰੱਖ ਦਿੱਤੀ।
39485	921	ਹਰਿ ਜੋਤਿ ਰਖੀ ਤੁਧੁ ਵਿਚਿ ਤਾ ਤੂ ਜਗ ਮਹਿ ਆਇਆ॥		Har Joth Rakhee Thudhh Vich Thaa Thoo Jag Mehi Aaeiaa ||	The Lord infused His Light into you, and then you came into the world.	(ਇਹ ਯਕੀਨ ਜਾਣ ਕਿ) ਜਦੋਂ ਪਰਮਾਤਮਾ ਨੇ ਤੇਰੇ ਅੰਦਰ ਆਪਣੀ ਜੋਤਿ ਰੱਖੀ, ਤਦੋਂ ਤੂੰ ਜਗਤ ਵਿਚ ਜੰਮਿਆ।

39486	921	ਹਰਿ ਆਪੇ ਮਾਤਾ ਆਪੇ ਪਿਤਾ ਜਿਨਿ ਜੀਉ ਉਪਾਇ ਜਗਤੁ ਦਿਖਾਇਆ॥		Har Aapae Maathaa Aapae Pithaa Jin Jeeo Oupaae Jagath Dhikhaaeiaa ||	The Lord Himself is your mother, and He Himself is your father; He created the created beings, and revealed the world to them.	ਜੇਹੜਾ ਪਰਮਾਤਮਾ ਜੀਵ ਪੈਦਾ ਕਰਕੇ ਉਸ ਨੂੰ ਜਗਤ ਵਿਚ ਭੇਜਦਾ ਹੈ ਉਹ ਆਪ ਹੀ ਇਸ ਦੀ ਮਾਂ ਹੈ ਆਪ ਹੀ ਇਸ ਦਾ ਪਿਤਾ ਹੈ (ਪ੍ਰਭੂ ਆਪ ਹੀ ਮਾਪਿਆਂ ਵਾਂਗ ਜੀਵ ਨੂੰ ਹਰ ਤਰ੍ਹਾਂ ਦਾ ਸੁਖ ਦੇਂਦਾ ਹੈ, ਸੁਖ ਆਨੰਦ ਦਾ ਦਾਤਾ ਹੈ ਹੀ ਪ੍ਰਭੂ ਆਪ। ਪਰ ਜੀਵ ਜਗਤ ਵਿਚੋਂ ਮਾਇਕ ਪਦਾਰਥਾਂ ਵਿਚੋਂ ਆਨੰਦ ਭਾਲਦਾ ਹੈ)।
39487	921	ਗੁਰ ਪਰਸਾਦੀ ਬੁਝਿਆ ਤਾ ਚਲਤੁ ਹੋਆ ਚਲਤੁ ਨਦਰੀ ਆਇਆ॥	ਬੁੱਝਿਆ	Gur Parasaadhee Bujhiaa Thaa Chalath Hoaa Chalath Nadharee Aaeiaa ||	By Guru's Grace, some understand, and then it's a show; it seems like just a show.	ਜਦੋਂ ਗੁਰੂ ਦੀ ਮੇਹਰ ਨਾਲ ਜੀਵ ਨੂੰ ਗਿਆਨ ਹੁੰਦਾ ਹੈ ਤਾਂ ਇਸ ਨੂੰ ਸਮਝ ਆਉਂਦੀ ਹੈ ਕਿ ਇਹ ਜਗਤ ਤਾਂ ਇਕ ਖੇਡ ਹੀ ਹੈ, ਫਿਰ ਜੀਵ ਨੂੰ ਇਹ ਜਗਤ (ਮਦਾਰੀ ਦਾ) ਇਕ ਤਮਾਸ਼ਾ ਹੀ ਦਿੱਸ ਪੈਂਦਾ ਹੈ (ਸਦਾ-ਥਿਰ ਰਹਿਣ ਵਾਲਾ ਆਤਮਕ ਆਨੰਦ ਇਸ ਵਿਚ ਨਹੀਂ ਹੋ ਸਕਦਾ)।

39488	921	ਕਹੈ ਨਾਨਕੁ ਸ੍ਰਿਸਟਿ ਕਾ ਮੂਲੁ ਰਚਿਆ ਜੋਤਿ ਰਾਖੀ ਤਾ ਤੂ ਜਗ ਮਹਿ ਆਇਆ॥੩੩॥		Kehai Naanak Srisatt Kaa Mool Rachiaa Joth Raakhee Thaa Thoo Jag Mehi Aaeiaa ||33||	Says Nanak, He laid the foundation of the Universe, and infused His Light, and then you came into the world. ||33||	ਨਾਨਕ ਆਖਦਾ ਹੈ ਕਿ ਹੇ ਮੇਰੇ ਸਰੀਰ! ਜਦੋਂ ਪ੍ਰਭੂ ਨੇ ਜਗਤ-ਰਚਨਾ ਦਾ ਮੁੱਢ ਬੱਧਾ, ਤੇਰੇ ਅੰਦਰ ਆਪਣੀ ਜੋਤਿ ਪਾਈ, ਤਦੋਂ ਤੂੰ ਜਗਤ ਵਿਚ ਜਨਮਿਆ ॥੩੩॥
39489	921	ਮਨਿ ਚਾਉ ਭਇਆ ਪ੍ਰਭ ਆਗਮੁ ਸੁਣਿਆ॥		Man Chaao Bhaeiaa Prabh Aagam Suniaa ||	My mind has become joyful, hearing of God's coming.	ਆਪਣੀ ਹਿਰਦੇ-ਸੇਜ ਉਤੇ ਪ੍ਰਭੂ-ਪਤੀ ਦਾ ਆਉਣਾ ਮੈਂ ਸੁਣ ਲਿਆ ਹੈ (ਮੈਂ ਅਨੁਭਵ ਕਰ ਲਿਆ ਹੈ ਕਿ ਪ੍ਰਭੂ ਮੇਰੇ ਹਿਰਦੇ ਵਿਚ ਆ ਵੱਸਿਆ ਹੈ ਹੁਣ) ਮੇਰੇ ਮਨ ਵਿਚ ਆਨੰਦ ਬਣ ਗਿਆ ਹੈ।
39490	921	ਹਰਿ ਮੰਗਲੁ ਗਾਉ ਸਖੀ ਗ੍ਰਿਹੁ ਮੰਦਰੁ ਬਣਿਆ॥		Har Mangal Gaao Sakhee Grihu Mandhar Baniaa ||	Sing the songs of joy to welcome the Lord, O my companions; my household has become the Lord's Mansion.	ਹੇ ਮੇਰੀ ਜਿੰਦੇ! ਮੇਰਾ ਇਹ ਹਿਰਦਾ-ਘਰ ਪ੍ਰਭੂ-ਪਤੀ ਦਾ ਨਿਵਾਸ-ਅਸਥਾਨ ਬਣ ਗਿਆ ਹੈ, ਹੁਣ ਤੂੰ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਗੀਤ ਗਾ।
39491	921	ਹਰਿ ਗਾਉ ਮੰਗਲੁ ਨਿਤ ਸਖੀਏ ਸੋਗੁ ਦੂਖੁ ਨ ਵਿਆਪਏ॥	ਵਿਆ–ਪਏ	Har Gaao Mangal Nith Sakheeeae Sog Dhookh N Viaapeae ||	Sing continually the songs of joy to welcome the Lord, O my companions, and sorrow and suffering will not afflict you.	ਹੇ ਜਿੰਦੇ! ਸਦਾ ਪ੍ਰਭੂ ਦੀ ਵਡਿਆਈ ਦਾ ਗੀਤ ਗਾਂਦੀ ਰਹੁ, (ਇਹ ਤਰ੍ਹਾਂ) ਕੋਈ ਫ਼ਿਕਰ ਕੋਈ ਦੁੱਖ (ਆਪਣਾ) ਜ਼ੋਰ ਨਹੀਂ ਪਾ ਸਕਦਾ।

39492	921	ਗੁਰ ਚਰਨ ਲਾਗੇ ਦਿਨ ਸਭਾਗੇ ਆਪਣਾ ਪਿਰੁ ਜਾਪਏ॥	ਜਾੱ–ਪਏ	Gur Charan Laagae Dhin Sabhaagae Aapanaa Pir Jaapeae ||	Blessed is that day, when I am attached to the Guru's feet and meditate on my Husband Lord.	ਉਹ ਦਿਨ ਭਾਗਾਂ ਵਾਲੇ ਹੁੰਦੇ ਹਨ ਜਦੋਂ (ਮੱਥਾ) ਗੁਰੂ ਦੇ ਚਰਨਾਂ ਉਤੇ ਟਿਕੇ, ਪਿਆਰਾ ਪਤੀ-ਪ੍ਰਭੂ (ਹਿਰਦੇ ਵਿਚ) ਦਿੱਸ ਪੈਂਦਾ ਹੈ।
39493	921	ਅਨਹਤ ਬਾਣੀ ਗੁਰ ਸਬਦਿ ਜਾਣੀ ਹਰਿ ਨਾਮੁ ਹਰਿ ਰਸੁ ਭੋਗੋ॥		Anehath Baanee Gur Sabadh Jaanee Har Naam Har Ras Bhogo ||	I have come to know the unstruck sound current and the Word of the Guru's Shabad; I enjoy the sublime essence of the Lord, the Lord's Name.	ਗੁਰੂ ਦੇ ਸ਼ਬਦ ਦੀ ਰਾਹੀਂ ਇਕ-ਰਸ ਸਿਫ਼ਤ-ਸਾਲਾਹ ਦੀ ਰੌ ਨਾਲ ਸਾਂਝ ਬਣ ਜਾਂਦੀ ਹੈ, ਪ੍ਰਭੂ ਦਾ ਨਾਮ ਪ੍ਰਾਪਤ ਹੋ ਜਾਂਦਾ ਹੈ, ਪ੍ਰਭੂ-ਮਿਲਾਪ ਦਾ ਆਨੰਦ ਮਾਣੀਦਾ ਹੈ।
39494	922	ਕਹੈ ਨਾਨਕੁ ਪ੍ਰਭੁ ਆਪਿ ਮਿਲਿਆ ਕਰਣ ਕਾਰਣ ਜੋਗੋ॥੩੪॥		Kehai Naanak Prabh Aap Miliaa Karan Kaaran Jogo ||34||	Says Nanak, God Himself has met me; He is the Doer, the Cause of causes. ||34||	ਨਾਨਕ ਆਖਦਾ ਹੈ ਕਿ (ਹੇ ਜਿੰਦੇ! ਖ਼ੁਸ਼ੀ ਦਾ ਗੀਤ ਗਾ) ਸਭ ਕੁਝ ਕਰਨ ਦੇ ਸਮਰੱਥ ਪ੍ਰਭੂ ਆਪ ਆ ਕੇ ਮੈਨੂੰ ਮਿਲ ਪਿਆ ਹੈ ॥੩੪॥
39495	922	ਏ ਸਰੀਰਾ ਮੇਰਿਆ ਇਸੁ ਜਗ ਮਹਿ ਆਇ ਕੈ ਕਿਆ ਤੁਧੁ ਕਰਮ ਕਮਾਇਆ॥	ਜੱਗ	Eae Sareeraa Maeriaa Eis Jag Mehi Aae Kai Kiaa Thudhh Karam Kamaaeiaa ||	O my body, why have you come into this world? What actions have you committed?	ਹੇ ਮੇਰੇ ਸਰੀਰ! ਇਸ ਜਗਤ ਵਿਚ ਜਨਮ ਲੈ ਕੇ ਤੂੰ ਹੋਰ ਹੋਰ ਕੰਮ ਹੀ ਕਰਦਾ ਰਿਹਾ।

39496	922	ਕਿ ਕਰਮ ਕਮਾਇਆ ਤੁਧੁ ਸਰੀਰਾ ਜਾ ਤੂ ਜਗ ਮਹਿ ਆਇਆ॥		K Karam Kamaaeiaa Thudhh Sareeraa Jaa Thoo Jag Mehi Aaeiaa ||	And what actions have you committed, O my body, since you came into this world?	ਜਦੋਂ ਦਾ ਤੂੰ ਸੰਸਾਰ ਵਿਚ ਆਇਆ ਹੈਂ, ਤੂੰ (ਪ੍ਰਭੂ-ਸਿਮਰਨ ਤੋਂ ਬਿਨਾ) ਹੋਰ ਹੋਰ ਕੰਮ ਹੀ ਕਰਦਾ ਰਿਹਾ।
39497	922	ਜਿਨਿ ਹਰਿ ਤੇਰਾ ਰਚਨੁ ਰਚਿਆ ਸੋ ਹਰਿ ਮਨਿ ਨ ਵਸਾਇਆ॥		Jin Har Thaeraa Rachan Rachiaa So Har Man N Vasaaeiaa ||	The Lord who formed your form - you have not enshrined that Lord in your mind.	ਜਿਸ ਹਰੀ ਨੇ ਤੈਨੂੰ ਪੈਦਾ ਕੀਤਾ ਹੈ, ਉਸ ਨੂੰ ਤੂੰ ਆਪਣੇ ਮਨ ਵਿਚ ਨਹੀਂ ਵਸਾਇਆ (ਉਸ ਦੀ ਯਾਦ ਵਿਚ ਕਦੇ ਨਹੀਂ ਜੁੜਿਆ)।
39498	922	ਗੁਰ ਪਰਸਾਦੀ ਹਰਿ ਮੰਨਿ ਵਸਿਆ ਪੂਰਬਿ ਲਿਖਿਆ ਪਾਇਆ॥		Gur Parasaadhee Har Mann Vasiaa Poorab Likhiaa Paaeiaa ||	By Guru's Grace, the Lord abides within the mind, and one's pre-ordained destiny is fulfilled.	(ਪਰ, ਹੇ ਸਰੀਰ! ਤੇਰੇ ਭੀ ਕੀਹ ਵੱਸ?) ਜਿਸ ਮਨੁੱਖ ਦੇ ਪੂਰਬਲੇ ਕੀਤੇ ਕਰਮਾਂ ਦੇ ਸੰਸਕਾਰ ਉੱਘੜਦੇ ਹਨ, ਗੁਰੂ ਦੀ ਕਿਰਪਾ ਨਾਲ ਉਸ ਦੇ ਮਨ ਵਿਚ ਪਰਮਾਤਮਾ ਵੱਸਦਾ ਹੈ (ਉਹੀ ਹਰੀ-ਸਿਮਰਨ ਵਿਚ ਜੁੜਦਾ ਹੈ)।

39499	922	ਕਹੈ ਨਾਨਕੁ ਏਹੁ ਸਰੀਰੁ ਪਰਵਾਣੁ ਹੋਆ ਜਿਨਿ ਸਤਿਗੁਰ ਸਿਉ ਚਿਤੁ ਲਾਇਆ॥੩੫॥		Kehai Naanak Eaehu Sareer Paravaan Hoaa Jin Sathigur Sio Chith Laaeiaa ||35||	Says Nanak, this body is adorned and honored, when one's consciousness is focused on the True Guru. ||35||	ਨਾਨਕ ਆਖਦਾ ਹੈ ਕਿ ਜਿਸ ਮਨੁੱਖ ਨੇ ਗੁਰੂ-ਚਰਨਾਂ ਵਿਚ ਚਿੱਤ ਜੋੜ ਲਿਆ, (ਉਸ ਦਾ) ਇਹ ਸਰੀਰ ਸਫਲ ਹੋ ਜਾਂਦਾ ਹੈ (ਉਹ ਮਨੁੱਖ ਉਹ ਮਨੋਰਥ ਪੂਰਾ ਕਰ ਲੈਂਦਾ ਹੈ ਜਿਸ ਵਾਸਤੇ ਇਹ ਬਣਾਇਆ ਗਿਆ) ॥੩੫॥
39500	922	ਏ ਨੇਤ੍ਰਹੁ ਮੇਰਿਹੋ ਹਰਿ ਤੁਮ ਮਹਿ ਜੋਤਿ ਧਰੀ ਹਰਿ ਬਿਨੁ ਅਵਰੁ ਨ ਦੇਖਹੁ ਕੋਈ॥		Eae Naethrahu Maeriho Har Thum Mehi Joth Dhharee Har Bin Avar N Dhaekhahu Koee ||	O my eyes, the Lord has infused His Light into you; do not look upon any other than the Lord.	ਹੇ ਮੇਰੀਓ ਅੱਖੀਓ! ਪਰਮਾਤਮਾ ਨੇ ਤੁਹਾਡੇ ਅੰਦਰ (ਆਪਣੀ) ਜੋਤਿ ਟਿਕਾਈ ਹੈ (ਤਾਹੀਏਂ ਤੁਸੀ ਵੇਖਣ-ਜੋਗੀਆਂ ਹੋ) ਜਿੱਧਰ ਤੱਕੋ, ਪਰਮਾਤਮਾ ਦਾ ਹੀ ਦੀਦਾਰ ਕਰੋ।
39501	922	ਹਰਿ ਬਿਨੁ ਅਵਰੁ ਨ ਦੇਖਹੁ ਕੋਈ ਨਦਰੀ ਹਰਿ ਨਿਹਾਲਿਆ॥		Har Bin Avar N Dhaekhahu Koee Nadharee Har Nihaaliaa ||	Do not look upon any other than the Lord; the Lord alone is worthy of beholding.	ਪਰਮਾਤਮਾ ਤੋਂ ਬਿਨਾ ਹੋਰ ਕੋਈ ਗ਼ੈਰ ਨਾ ਦਿੱਸੇ, ਨਿਗਾਹ ਨਾਲ ਹਰੀ ਨੂੰ ਵੇਖੋ।

39502	922	ਏਹੁ ਵਿਸੁ ਸੰਸਾਰੁ ਤੁਮ ਦੇਖਦੇ ਏਹੁ ਹਰਿ ਕਾ ਰੂਪੁ ਹੈ ਹਰਿ ਰੂਪੁ ਨਦਰੀ ਆਇਆ॥	ਵਿਸੁਸਮੂਹ:ਪੋਲਾ ਬੋਲੋ	Eaehu Vis Sansaar Thum Dhaekhadhae Eaehu Har Kaa Roop Hai Har Roop Nadharee Aaeiaa ||	This whole world which you see is the image of the Lord; only the image of the Lord is seen.	(ਹੇ ਅੱਖੀਓ!) ਇਹ ਸਾਰਾ ਸੰਸਾਰ ਜੋ ਤੁਸੀ ਵੇਖ ਰਹੀਆਂ ਹੋ, ਇਹ ਪ੍ਰਭੂ ਦਾ ਹੀ ਰੂਪ ਹੈ, ਪ੍ਰਭੂ ਦਾ ਹੀ ਰੂਪ ਦਿੱਸ ਰਿਹਾ ਹੈ।
39503	922	ਗੁਰ ਪਰਸਾਦੀ ਬੁਝਿਆ ਜਾ ਵੇਖਾ ਹਰਿ ਇਕੁ ਹੈ ਹਰਿ ਬਿਨੁ ਅਵਰੁ ਨ ਕੋਈ॥	ਪਰ-ਸਾਦੀ। ਬੁੱਝਿਆ	Gur Parasaadhee Bujhiaa Jaa Vaekhaa Har Eik Hai Har Bin Avar N Koee ||	By Guru's Grace, I understand, and I see only the One Lord; there is no one except the Lord.	ਗੁਰੂ ਦੀ ਕਿਰਪਾ ਨਾਲ ਮੈਨੂੰ ਸਮਝ ਪਈ ਹੈ, ਹੁਣ ਮੈਂ ਜਦੋਂ (ਚੁਫੇਰੇ) ਵੇਖਦਾ ਹਾਂ, ਹਰ ਥਾਂ ਇਕ ਪਰਮਾਤਮਾ ਹੀ ਦਿੱਸਦਾ ਹੈ, ਉਸ ਤੋਂ ਬਿਨਾ ਹੋਰ ਕੁਝ ਨਹੀਂ।
39504	922	ਕਹੈ ਨਾਨਕੁ ਏਹਿ ਨੇਤ੍ਰ ਅੰਧ ਸੇ ਸਤਿਗੁਰਿ ਮਿਲਿਐ ਦਿਬ ਦ੍ਰਿਸਟਿ ਹੋਈ॥੩੬॥	(ਦਿਬ)ਬ੍ਰਹਮ-ਦ੍ਰਿਸ਼ਟੀ	Kehai Naanak Eaehi Naethr Andhh Sae Sathigur Miliai Dhib Dhrisatt Hoee ||36||	Says Nanak, these eyes were blind; but meeting the True Guru, they became all-seeing. ||36||	ਨਾਨਕ ਆਖਦਾ ਹੈ ਕਿ (ਗੁਰੂ ਨੂੰ ਮਿਲਣ ਤੋਂ ਪਹਿਲਾਂ) ਇਹ ਅੱਖੀਆਂ (ਅਸਲ ਵਿਚ) ਅੰਨ੍ਹੀਆਂ ਸਨ, ਜਦੋਂ ਗੁਰੂ ਮਿਲਿਆ, ਇਹਨਾਂ ਵਿਚ ਰੌਸ਼ਨੀ ਆਈ (ਇਹਨਾਂ ਨੂੰ ਹਰ ਥਾਂ ਪਰਮਾਤਮਾ ਦਿੱਸਣ ਲੱਗਾ। ਇਹੀ ਦੀਦਾਰ ਆਨੰਦ-ਮੂਲ ਹੈ) ॥੩੬॥
39505	922	ਏ ਸ੍ਰਵਣਹੁ ਮੇਰਿਹੋ ਸਾਚੈ ਸੁਨਣੈ ਨੋ ਪਠਾਏ॥		Eae Sravanahu Maeriho Saachai Sunanai No Pathaaeae ||	O my ears, you were created only to hear the Truth.	ਹੇ ਮੇਰੇ ਕੰਨੋ! ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਸੁਣਨ ਵਾਸਤੇ ਬਣਾਇਆ ਹੈ,

39506	922	ਸਾਚੈ ਸੁਨਣੈ ਨੋ ਪਠਾਏ ਸਰੀਰਿ ਲਾਏ ਸੁਣਹੁ ਸਤਿ ਬਾਣੀ॥		Saachai Sunanai No Pathaaeae Sareer Laaeae Sunahu Sath Baanee ||	To hear the Truth, you were created and attached to the body; listen to the True Bani.	ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਸੁਣਿਆ ਕਰੋ, ਸਦਾ-ਥਿਰ ਕਰਤਾਰ ਨੇ ਤੁਹਾਨੂੰ ਇਹੀ ਸੁਣਨ ਵਾਸਤੇ ਬਣਾਇਆ ਹੈ, ਇਸ ਸਰੀਰ ਵਿਚ ਥਾਪਿਆ ਹੈ।
39507	922	ਜਿਤੁ ਸੁਣੀ ਮਨੁ ਤਨੁ ਹਰਿਆ ਹੋਆ ਰਸਨਾ ਰਸਿ ਸਮਾਣੀ॥		Jith Sunee Man Than Hariaa Hoaa Rasanaa Ras Samaanee ||	Hearing it, the mind and body are rejuvenated, and the tongue is absorbed in Ambrosial Nectar.	ਇਸ ਸਿਫ਼ਤ-ਸਾਲਾਹ ਦੀ ਬਾਣੀ ਦੇ ਸੁਣਨ ਨਾਲ ਤਨ ਮਨ ਆਨੰਦ-ਭਰਪੂਰ ਹੋ ਜਾਂਦਾ ਹੈ, ਜੀਭ ਆਨੰਦ ਵਿਚ ਮਸਤ ਹੋ ਜਾਂਦੀ ਹੈ।
39508	922	ਸਚੁ ਅਲਖ ਵਿਡਾਣੀ ਤਾ ਕੀ ਗਤਿ ਕਹੀ ਨ ਜਾਏ॥	ਅ-ਲਖ	Sach Alakh Viddaanee Thaa Kee Gath Kehee N Jaaeae ||	The True Lord is unseen and wondrous; His state cannot be described.	ਸਦਾ-ਥਿਰ ਪਰਮਾਤਮਾ ਤਾਂ ਅਸਚਰਜ-ਰੂਪ ਹੈ, ਉਸ ਦਾ ਕੋਈ ਚਿਹਨ-ਚੱਕ੍ਰ ਦੱਸਿਆ ਨਹੀਂ ਜਾ ਸਕਦਾ, ਇਹ ਨਹੀਂ ਕਿਹਾ ਜਾ ਸਕਦਾ ਕਿ ਉਹ ਕਿਹੋ ਜਿਹਾ ਹੈ।

39509	922	ਕਹੈ ਨਾਨਕੁ ਅੰਮ੍ਰਿਤ ਨਾਮੁ ਸੁਣਹੁ ਪਵਿਤ੍ਰ ਹੋਵਹੁ ਸਾਚੈ ਸੁਨਣੈ ਨੋ ਪਠਾਏ॥੩੭॥		Kehai Naanak Anmrith Naam Sunahu Pavithr Hovahu Saachai Sunanai No Pathaaeae ||37||	Says Nanak, listen to the Ambrosial Naam and become holy; you were created only to hear the Truth. ||37||	(ਉਸ ਦੇ ਗੁਣ ਕਹਿਣ ਸੁਣਨ ਨਾਲ ਸਿਰਫ਼ ਇਹੀ ਲਾਭ ਹੁੰਦਾ ਹੈ ਕਿ ਮਨੁੱਖ ਨੂੰ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ, ਤਾਹੀਏਂ) ਨਾਨਕ ਆਖਦਾ ਹੈ ਕਿ ਆਤਮਕ ਆਨੰਦ ਦੇਣ ਵਾਲਾ ਨਾਮ ਸੁਣਿਆ ਕਰੋ, ਤੁਸੀ ਪਵਿਤ੍ਰ ਹੋ ਜਾਵੋਗੇ, ਪਰਮਾਤਮਾ ਨੇ ਤੁਹਾਨੂੰ ਇਹੀ ਸੁਣਨ ਵਾਸਤੇ ਭੇਜਿਆ (ਬਣਾਇਆ) ਹੈ ॥੩੭॥
39510	922	ਹਰਿ ਜੀਉ ਗੁਫਾ ਅੰਦਰਿ ਰਖਿ ਕੈ ਵਾਜਾ ਪਵਣੁ ਵਜਾਇਆ॥		Har Jeeo Gufaa Andhar Rakh Kai Vaajaa Pavan Vajaaeiaa ||	The Lord placed the soul to the cave of the body, and blew the breath of life into the musical instrument of the body.	ਪਰਮਾਤਮਾ ਨੇ ਜਿੰਦ ਨੂੰ ਸਰੀਰ-ਗੁਫ਼ਾ ਵਿਚ ਟਿਕਾ ਕੇ ਜੀਵ ਨੂੰ ਬੋਲਣ ਦੀ ਸ਼ਕਤੀ ਦਿੱਤੀ।
39511	922	ਵਜਾਇਆ ਵਾਜਾ ਪਉਣ ਨਉ ਦੁਆਰੇ ਪਰਗਟੁ ਕੀਏ ਦਸਵਾ ਗੁਪਤੁ ਰਖਾਇਆ॥	ਰੱਖਾਇਆ	Vajaaeiaa Vaajaa Poun No Dhuaarae Paragatt Keeeae Dhasavaa Gupath Rakhaaeiaa ||	He blew the breath of life into the musical instrument of the body, and revealed the nine doors; but He kept the Tenth Door hidden.	ਸਰੀਰ ਨੂੰ ਬੋਲਣ ਦੀ ਸ਼ਕਤੀ ਦਿੱਤੀ, ਨੱਕ ਕੰਨ ਆਦਿਕ ਨੌ ਕਰਮ-ਇੰਦ੍ਰੀਆਂ ਪਰਤੱਖ ਤੌਰ ਤੇ ਬਣਾਈਆਂ, ਦਸਵੇਂ ਦਰ (ਦਿਮਾਗ਼) ਨੂੰ ਲੁਕਵਾਂ ਰੱਖਿਆ।

39512	922	ਗੁਰ ਦੁਆਰੈ ਲਾਇ ਭਾਵਨੀ ਇਕਨਾ ਦਸਵਾਦੁਆਰੁ ਦਿਖਾਇਆ॥		Guradhuaarai Laae Bhaavanee Eikanaa Dhasavaa Dhuaar Dhikhaaeiaa ||	Through the Gurdwara, the Guru's Gate, some are blessed with loving faith, and the Tenth Door is revealed to them.	ਪ੍ਰਭੂ ਨੇ ਜਿਨ੍ਹਾਂ ਨੂੰ ਗੁਰੂ ਦੇ ਦਰ ਤੇ ਅਪੜਾ ਕੇ ਆਪਣੇ ਨਾਮ ਦੀ ਸਰਧਾ ਬਖ਼ਸ਼ੀ, ਉਹਨਾਂ ਨੂੰ ਦਸਵਾਂ ਦਰ ਭੀ ਵਿਖਾ ਦਿੱਤਾ (ਉਹਨਾਂ ਨੂੰ ਸਿਮਰਨ ਦੀ ਵਿਚਾਰ-ਸੱਤਿਆ ਭੀ ਦੇ ਦਿੱਤੀ ਜੋ ਆਤਮਕ ਆਨੰਦ ਦਾ ਮੂਲ ਹੈ)।
39513	922	ਤਹ ਅਨੇਕ ਰੂਪ ਨਾਉ ਨਵ ਨਿਧਿ ਤਿਸ ਦਾ ਅੰਤੁ ਨ ਜਾਈ ਪਾਇਆ॥		Theh Anaek Roop Naao Nav Nidhh This Dhaa Anth N Jaaee Paaeiaa ||	There are many images of the Lord, and the nine treasures of the Naam; His limits cannot be found.	ਉਸ ਅਵਸਥਾ ਵਿਚ ਮਨੁੱਖ ਨੂੰ ਅਨੇਕਾਂ ਰੰਗਾਂ ਰੂਪਾਂ ਵਿਚ ਵਿਆਪਕ ਪ੍ਰਭੂ ਦਾ ਉਹ ਨਾਮ-ਰੂਪਾਂ ਨੌ ਖ਼ਜ਼ਾਨਿਆਂ ਦਾ ਭੰਡਾਰ ਭੀ ਪ੍ਰਾਪਤ ਹੋ ਜਾਂਦਾ ਹੈ ਜਿਸ ਦਾ ਅੰਤ ਨਹੀਂ ਪੈ ਸਕਦਾ (ਜੋ ਕਦੇ ਮੁੱਕਦਾ ਨਹੀਂ)।
39514	922	ਕਹੈ ਨਾਨਕੁ ਹਰਿ ਪਿਆਰੈ ਜੀਉ ਗੁਫਾ ਅੰਦਰਿ ਰਖਿ ਕੈ ਵਾਜਾ ਪਵਣੁ ਵਜਾਇਆ॥੩੮॥	ਵੱਜਾਇਆ	Kehai Naanak Har Piaarai Jeeo Gufaa Andhar Rakh Kai Vaajaa Pavan Vajaaeiaa ||38||	Says Nanak, the Lord placed the soul to the cave of the body, and blew the breath of life into the musical instrument of the body. ||38||	ਨਾਨਕ ਆਖਦਾ ਹੈ ਕਿ ਪਿਆਰੇ ਪ੍ਰਭੂ ਨੇ ਜਿੰਦ ਨੂੰ ਸਰੀਰ-ਗੁਫ਼ਾ ਵਿਚ ਟਿਕਾ ਕੇ ਜੀਵ ਨੂੰ ਬੋਲਣ ਦੀ ਸ਼ਕਤੀ ਭੀ ਦਿੱਤੀ ॥੩੮॥
39515	922	ਏਹੁ ਸਾਚਾ ਸੋਹਿਲਾ ਸਾਚੈ ਘਰਿ ਗਾਵਹੁ॥		Eaehu Saachaa Sohilaa Saachai Ghar Gaavahu ||	Sing this true song of praise in the true home of your soul.	ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਇਹ ਬਾਣੀ ਸਾਧ ਸੰਗਤ ਵਿਚ (ਬੈਠ ਕੇ) ਗਾਵਿਆ ਕਰੋ।

39516	922	ਗਾਵਹੁ ਤ ਸੋਹਿਲਾ ਘਰਿ ਸਾਚੈ ਜਿਥੈ ਸਦਾ ਸਚੁ ਧਿਆਵਹੇ॥	ਧਿਆਵ-ਹੇ	Gaavahu Th Sohilaa Ghar Saachai Jithhai Sadhaa Sach Dhhiaavehae ||	Sing the song of praise in your true home; meditate there on the True Lord forever.	ਉਸ ਸਤ ਸੰਗ ਵਿਚ ਆਮਤਕ ਅਨੰਦ ਦੇਣ ਵਾਲੀ ਬਾਣੀ ਗਾਵਿਆ ਕਰੋ, ਜਿਥੇ (ਗੁਰਮੁਖਿ ਜਨ) ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਸਦਾ ਗਾਂਦੇ ਹਨ।
39517	922	ਸਚੋ ਧਿਆਵਹਿ ਜਾ ਤੁਧੁ ਭਾਵਹਿ ਗੁਰਮੁਖਿ ਜਿਨਾ ਬੁਝਾਵਹੇ॥	ਬੁੱਝਾਵ-ਹੇ	Sacho Dhhiaavehi Jaa Thudhh Bhaavehi Guramukh Jinaa Bujhaavehae ||	They alone meditate on You, O True Lord, who are pleasing to Your Will; as Gurmukh, they understand.	ਹੇ ਪ੍ਰਭੂ! ਤੈਨੂੰ ਸਦਾ-ਥਿਰ ਨੂੰ ਤਦੋਂ ਹੀ ਜੀਵ ਸਿਮਰਦੇ ਹਨ ਜਦੋਂ ਤੈਨੂੰ ਚੰਗੇ ਲੱਗਣ, ਜਿਨ੍ਹਾਂ ਨੂੰ ਤੂੰ ਗੁਰੂ ਦੀ ਰਾਹੀਂ ਇਹ ਸੂਝ ਬਖ਼ਸ਼ੇਂ।
39518	922	ਇਹੁ ਸਚੁ ਸਭਨਾ ਕਾ ਖਸਮੁ ਹੈ ਜਿਸੁ ਬਖਸੇ ਸੋ ਜਨੁ ਪਾਵਹੇ॥		Eihu Sach Sabhanaa Kaa Khasam Hai Jis Bakhasae So Jan Paavehae ||	This Truth is the Lord and Master of all; whoever is blessed, obtains it.	ਸਦਾ-ਥਿਰ ਪ੍ਰਭੂ ਸਭ ਜੀਵਾਂ ਦਾ ਮਾਲਕ ਹੈ, ਜਿਸ ਜਿਸ ਉਤੇ ਉਹ ਮੇਹਰ ਕਰਦਾ ਹੈ ਉਹ ਉਹ ਜੀਵ ਤੈਨੂੰ ਪ੍ਰਾਪਤ ਕਰ ਲੈਂਦੇ ਹਨ।
39519	922	ਕਹੈ ਨਾਨਕੁ ਸਚੁ ਸੋਹਿਲਾ ਸਚੈ ਘਰਿ ਗਾਵਹੇ॥੩੯॥	ਗਾਵ-ਹੇ	Kehai Naanak Sach Sohilaa Sachai Ghar Gaavehae ||39||	Says Nanak, sing the true song of praise in the true home of your soul. ||39||	ਤੇ, ਨਾਨਕ ਆਖਦਾ ਹੈ, ਉਹ ਸਤ ਸੰਗਤ ਵਿਚ (ਬੈਠ ਕੇ) ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੀ ਬਾਣੀ ਗਾਂਦੇ ਹਨ ॥੩੯॥

39520	922	ਅਨਦੁ ਸੁਣਹੁ ਵਡਭਾਗੀਹੋ ਸਗਲ ਮਨੋਰਥ ਪੂਰੇ॥	ਅਨ-ਦੁ:ਟਿਪੀ ਬਿਨਾ ਬੋਲੋ	Anadh Sunahu Vaddabhaageeho Sagal Manorathh Poorae ||	Listen to the song of bliss, O most fortunate ones; all your longings shall be fulfilled.	ਹੇ ਵੱਡੇ ਭਾਗਾਂ ਵਾਲਿਓ! ਸੁਣੋ, ਆਨੰਦ ਇਹ ਹੈ ਕਿ (ਉਸ ਅਵਸਥਾ ਵਿਚ) ਮਨ ਦੀਆਂ ਸਾਰੀਆਂ ਦੌੜਾਂ ਮੁੱਕ ਜਾਂਦੀਆਂ ਹਨ (ਸਾਰੇ ਸੰਕਲਪ ਸਿਰੇ ਚੜ੍ਹ ਜਾਂਦੇ ਹਨ),
39521	922	ਪਾਰਬ੍ਰਹਮੁ ਪ੍ਰਭੁ ਪਾਇਆ ਉਤਰੇ ਸਗਲ ਵਿਸੂਰੇ॥	ਉੱਤਰੇ	Paarabreham Prabh Paaeiaa Outharae Sagal Visoorae ||	I have obtained the Supreme Lord God, and all sorrows have been forgotten.	ਪਰਮ ਆਤਮਾ ਪ੍ਰਭੂ ਮਿਲ ਪੈਂਦਾ ਹੈ, ਸਾਰੇ ਚਿੰਤਾ-ਝੌਰੇ ਮਨ ਤੋਂ ਲਹਿ ਜਾਂਦੇ ਹਨ।
39522	922	ਦੂਖ ਰੋਗ ਸੰਤਾਪ ਉਤਰੇ ਸੁਣੀ ਸਚੀ ਬਾਣੀ॥		Dhookh Rog Santhaap Outharae Sunee Sachee Baanee ||	Pain, illness and suffering have departed, listening to the True Bani.	ਅਕਾਲ ਪੁਰਖ ਦੀ ਸਿਫ਼ਤ-ਸਾਲਾਹ ਦੀ ਬਾਣੀ ਸੁਣਿਆਂ ਸਾਰੇ ਦੁੱਖ ਰੋਗ ਕਲੇਸ਼ ਮਿਟ ਜਾਂਦੇ ਹਨ।
39523	922	ਸੰਤ ਸਾਜਨ ਭਏ ਸਰਸੇ ਪੂਰੇ ਗੁਰ ਤੇ ਜਾਣੀ॥		Santh Saajan Bheae Sarasae Poorae Gur Thae Jaanee ||	The Saints and their friends are in ecstasy, knowing the Perfect Guru.	ਜੇਹੜੇ ਸੰਤ ਗੁਰਮੁਖਿ ਪੂਰੇ ਗੁਰੂ ਤੋਂ ਸਿਫ਼ਤ-ਸਾਲਾਹ ਦੀ ਬਾਣੀ ਨਾਲ ਸਾਂਝੀ ਪਾਣੀ ਸਿੱਖ ਲੈਂਦੇ ਹਨ ਉਹਨਾਂ ਦੇ ਹਿਰਦੇ ਖਿੜ ਆਉਂਦੇ ਹਨ।
39524	922	ਸੁਣਤੇ ਪੁਨੀਤ ਕਹਤੇ ਪਵਿਤੁ ਸਤਿਗੁਰੁ ਰਹਿਆ ਭਰਪੂਰੇ॥		Sunathae Puneeth Kehathae Pavith Sathigur Rehiaa Bharapoorae ||	Pure are the listeners, and pure are the speakers; the True Guru is all-pervading and permeating.	ਇਸ ਬਾਣੀ ਨੂੰ ਸੁਣਨ ਵਾਲੇ ਉਚਾਰਨ ਵਾਲੇ ਸਭ ਪਵਿਤ੍ਰ-ਆਤਮਕ ਹੋ ਜਾਂਦੇ ਹਨ, ਇਸ ਬਾਣੀ ਵਿਚ ਉਹਨਾਂ ਨੂੰ ਸਤਿਗੁਰੂ ਹੀ ਦਿੱਸਦਾ ਹੈ।

39525	922	ਬਿਨਵੰਤਿ ਨਾਨਕੁ ਗੁਰ ਚਰਣ ਲਾਗੇ ਵਾਜੇ ਅਨਹਦ ਤੂਰੇ॥੪੦॥੧॥	ਬਿਨ-ਵੰਤਿ	Binavanth Naanak Gur Charan Laagae Vaajae Anehadh Thoorae ||40||1||	Prays Nanak, touching the Guru's Feet, the unstruck sound current of the celestial bugles vibrates and resounds. ||40||1||	ਨਾਨਕ ਬੇਨਤੀ ਕਰਦਾ ਹੈ- ਜੇਹੜੇ ਬੰਦੇ ਗੁਰੂ ਦੀ ਚਰਨੀਂ ਲੱਗਦੇ ਹਨ, ਉਹਨਾਂ ਦੇ ਅੰਦਰ ਇਕ-ਰਸ (ਖ਼ੁਸ਼ੀ ਦੇ) ਵਾਜੇ ਵੱਜ ਪੈਂਦੇ ਹਨ (ਉਹਨਾਂ ਦੇ ਅੰਦਰ ਆਤਮਕ ਆਨੰਦ ਪੈਦਾ ਹੋ ਜਾਂਦਾ ਹੈ) ॥੪੦॥੧॥
39526	923	ਰਾਮਕਲੀ ਸਦੁ	ਸੱਦੁ	Raamakalee Sadhu	Raamkalee, Sadd ~ The Call Of Death:	ਰਾਗ ਰਾਮਕਲੀ ਵਿੱਚ ਬਾਣੀ 'ਸਦੁ'।
39527	923	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
39528	923	ਜਗਿ ਦਾਤਾ ਸੋਇ ਭਗਤਿ ਵਛਲੁ ਤਿਹੁ ਲੋਇ ਜੀਉ॥		Jag Dhaathaa Soe Bhagath Vashhal Thihu Loe Jeeo ||	He is the Great Giver of the Universe, the Lover of His devotees, throughout the three worlds.	ਜੋ ਅਕਾਲ ਪੁਰਖ ਜਗਤ ਵਿਚ (ਜੀਵਾਂ ਨੂੰ) ਦਾਤਾਂ ਬਖ਼ਸ਼ਣ ਵਾਲਾ ਹੈ, ਜੋ ਤਿੰਨਾਂ ਲੋਕਾਂ ਵਿਚ ਭਗਤੀ ਕਰਨ ਵਾਲਿਆਂ ਨੂੰ ਪਿਆਰ ਕਰਦਾ ਹੈ,
39529	923	ਗੁਰ ਸਬਦਿ ਸਮਾਵਏ ਅਵਰੁ ਨ ਜਾਣੈ ਕੋਇ ਜੀਉ॥	ਸਮਾਵ-ਏ	Gur Sabadh Samaaveae Avar N Jaanai Koe Jeeo ||	One who is merged in the Word of the Guru's Shabad does not know any other.	(ਉਸ ਅਕਾਲ ਪੁਰਖ ਵਿਚ ਗੁਰੂ ਅਮਰਦਾਸ) ਸਤਿਗੁਰੂ ਦੇ ਸ਼ਬਦ ਦੀ ਰਾਹੀਂ ਲੀਨ (ਰਿਹਾ) ਹੈ, (ਅਤੇ ਉਸ ਤੋਂ ਬਿਨਾ) ਕਿਸੇ ਹੋਰ ਨੂੰ (ਉਸ ਵਰਗਾ) ਨਹੀਂ ਜਾਣਦਾ।

39530	923	ਅਵਰੋ ਨ ਜਾਣਹਿ ਸਬਦਿ ਗੁਰ ਕੈ ਏਕੁ ਨਾਮੁ ਧਿਆਵਹੇ॥	ਧਿਆਵ-ਹੇ	Avaro N Jaanehi Sabadh Gur Kai Eaek Naam Dhhiaavehae ||	Dwelling upon the Word of the Guru's Shabad, he does not know any other; he meditates on the One Name of the Lord.	(ਗੁਰੂ ਅਮਰਦਾਸ ਜੀ) ਸਤਿਗੁਰੂ ਦੇ ਸ਼ਬਦਿ ਦੀ ਬਰਕਤਿ ਨਾਲ (ਅਕਾਲ ਪੁਰਖ ਤੋਂ ਬਿਨਾ) ਕਿਸੇ ਹੋਰ ਨੂੰ (ਉਸ ਵਰਗਾ) ਨਹੀਂ ਜਾਣਦੇ (ਰਹੇ) ਹਨ, ਕੇਵਲ ਇੱਕ 'ਨਾਮ' ਨੂੰ ਧਿਆਉਂਦੇ (ਰਹੇ) ਹਨ;
39531	923	ਪਰਸਾਦਿ ਨਾਨਕ ਗੁਰੂ ਅੰਗਦ ਪਰਮਪਦਵੀ ਪਾਵਹੇ॥	ਪਾਵ-ਹੇ	Parasaadh Naanak Guroo Angadh Param Padhavee Paavehae ||	By the Grace of Guru Nanak and Guru Angad, Guru Amar Das obtained the supreme status.	ਗੁਰੂ ਨਾਨਕ ਅਤੇ ਗੁਰੂ ਅੰਗਦ ਦੇਵ ਜੀ ਦੀ ਕਿਰਪਾ ਨਾਲ ਉਹ ਉੱਚੇ ਦਰਜੇ ਨੂੰ ਪ੍ਰਾਪਤ ਕਰ ਚੁਕੇ ਹਨ।
39532	923	ਆਇਆ ਹਕਾਰਾ ਚਲਣਵਾਰਾ ਹਰਿ ਰਾਮ ਨਾਮਿ ਸਮਾਇਆ॥		Aaeiaa Hakaaraa Chalanavaaraa Har Raam Naam Samaaeiaa ||	And when the call came for Him to depart, He merged in the Name of the Lord.	(ਜਿਹੜਾ ਗੁਰੂ ਅਮਰਦਾਸ) ਅਕਾਲ ਪੁਰਖ ਦੇ ਨਾਮ ਵਿਚ ਲੀਨ ਸੀ, (ਧੁਰੋਂ) ਉਸ ਦੇ ਚੱਲਣ ਦਾ ਸੱਦਾ ਆ ਗਿਆ;
39533	923	ਜਗਿ ਅਮਰੁ ਅਟਲੁ ਅਤੋਲੁ ਠਾਕੁਰੁ ਭਗਤਿ ਤੇ ਹਰਿ ਪਾਇਆ॥੧॥	ਜੱਗਿ।ਅ-ਟਲੁ	Jag Amar Attal Athol Thaakur Bhagath Thae Har Paaeiaa ||1||	Through devotional worship in this world, the imperishable, immovable, immeasurable Lord is found. ||1||	(ਗੁਰੂ ਅਮਰਦਾਸ ਜੀ ਨੇ) ਜਗਤ ਵਿਚ (ਰਹਿੰਦਿਆਂ) ਅਮਰ, ਅਟੱਲ, ਅਤੋਲ ਠਾਕੁਰ ਨੂੰ ਭਗਤੀ ਦੀ ਰਾਹੀਂ ਪ੍ਰਾਪਤ ਕਰ ਲਿਆ ਹੋਇਆ ਸੀ ॥੧॥

39534	923	ਹਰਿ ਭਾਣਾ ਗੁਰ ਭਾਇਆ ਗੁਰੁ ਜਾਵੈ ਹਰਿ ਪ੍ਰਭ ਪਾਸਿ ਜੀਉ॥		Har Bhaanaa Gur Bhaaeiaa Gur Jaavai Har Prabh Paas Jeeo ||	The Guru gladly accepted the Lord's Will, and so the Guru easily reached the Lord God's Presence.	ਅਕਾਲ ਪੁਰਖ ਦੀ ਰਜ਼ਾ ਗੁਰੂ (ਅਮਰਦਾਸ ਜੀ) ਨੂੰ ਪਿਆਰੀ ਲੱਗੀ, ਅਤੇ ਸਤਿਗੁਰੂ (ਜੀ) ਅਕਾਲ ਪੁਰਖ ਦੇ ਕੋਲ ਜਾਣ ਨੂੰ ਤਿਆਰ ਹੋ ਪਏ।
39535	923	ਸਤਿਗੁਰੁ ਕਰੇ ਹਰਿ ਪਹਿ ਬੇਨਤੀ ਮੇਰੀ ਪੈਜ ਰਖਹੁ ਅਰਦਾਸਿ ਜੀਉ॥		Sathigur Karae Har Pehi Baenathee Maeree Paij Rakhahu Aradhaas Jeeo ||	The True Guru prays to the Lord, ""Please, save my honor. This is my prayer"".	ਗੁਰੂ ਅਮਰਦਾਸ ਜੀ ਨੇ ਅਕਾਲ ਪੁਰਖ ਅੱਗੇ ਇਹ ਬੇਨਤੀ ਕੀਤੀ, (ਹੇ ਹਰੀ!) ਮੇਰੀ ਅਰਦਾਸਿ ਹੈ ਕਿ ਮੇਰੀ ਲਾਜ ਰੱਖ।
39536	923	ਪੈਜ ਰਾਖਹੁ ਹਰਿ ਜਨਹ ਕੇਰੀ ਹਰਿ ਦੇਹੁ ਨਾਮੁ ਨਿਰੰਜਨੋ॥		Paij Raakhahu Har Janeh Kaeree Har Dhaehu Naam Niranjano ||	Please save the honor of Your humble servant, O Lord; please bless him with Your Immaculate Name.	ਹੇ ਹਰੀ! ਆਪਣੇ ਸੇਵਕਾਂ ਦੀ ਲਾਜ ਰੱਖ, ਅਤੇ ਮਾਇਆ ਤੋਂ ਨਿਰਮੋਹ ਕਰਨ ਵਾਲਾ ਆਪਣਾ ਨਾਮ ਬਖ਼ਸ਼,
39537	923	ਅੰਤਿ ਚਲਦਿਆ ਹੋਇ ਬੇਲੀ ਜਮਦੂਤ ਕਾਲੁ ਨਿਖੰਜਨੋ॥		Anth Chaladhiaa Hoe Baelee Jamadhooth Kaal Nikhanjano ||	At this time of final departure, it is our only help and support; it destroys death, and the Messenger of Death.	ਜਮਦੂਤਾਂ ਅਤੇ ਕਾਲ ਨੂੰ ਨਾਸ ਕਰਨ ਵਾਲਾ ਨਾਮ ਦੇਹਿ, ਜੋ ਅਖ਼ੀਰ ਚੱਲਣ ਵੇਲੇ ਸਾਥੀ ਬਣੇ।

39538	923	ਸਤਿਗੁਰੂ ਕੀ ਬੇਨਤੀ ਪਾਈ ਹਰਿ ਪ੍ਰਭਿ ਸੁਣੀ ਅਰਦਾਸਿ ਜੀਉ॥	(ਪਾਈ)ਕੀਤੀ	Sathiguroo Kee Baenathee Paaee Har Prabh Sunee Aradhaas Jeeo ||	The Lord God heard the prayer of the True Guru, and granted His request.	ਸਤਿਗੁਰੂ ਦੀ ਕੀਤੀ ਹੋਈ ਇਹ ਬੇਨਤੀ, ਇਹ ਅਰਦਾਸਿ, ਅਕਾਲ ਪੁਰਖ ਪ੍ਰਭੂ ਨੇ ਸੁਣ ਲਈ,
39539	923	ਹਰਿ ਧਾਰਿ ਕਿਰਪਾ ਸਤਿਗੁਰੁ ਮਿਲਾਇਆ ਧਨੁ ਧਨੁ ਕਹੈ ਸਾਬਾਸਿ ਜੀਉ॥੨॥		Har Dhhaar Kirapaa Sathigur Milaaeiaa Dhhan Dhhan Kehai Saabaas Jeeo ||2||	The Lord showered His Mercy, and blended the True Guru with Himself; He said, ""Blessed! Blessed! Wonderful!""||2||	ਅਤੇ ਮਿਹਰ ਕਰ ਕੇ ਉਸ ਨੇ ਗੁਰੂ ਅਮਰਦਾਸ ਜੀ ਨੂੰ (ਆਪਣੇ ਚਰਨਾਂ ਵਿਚ) ਜੋੜ ਲਿਆ ਅਤੇ ਕਹਿਣ ਲੱਗਾ-ਸ਼ਾਬਾਸ਼ੇ! ਤੂੰ ਧੰਨ ਹੈਂ, ਤੂੰ ਧੰਨ ਹੈਂ ॥੨॥
39540	923	ਮੇਰੇ ਸਿਖ ਸੁਣਹੁ ਪੁਤ ਭਾਈਹੋ ਮੇਰੈ ਹਰਿ ਭਾਣਾ ਆਉ ਮੈ ਪਾਸਿ ਜੀਉ॥		Maerae Sikh Sunahu Puth Bhaaeeho Maerai Har Bhaanaa Aao Mai Paas Jeeo ||	Listen O my Sikhs, my children and Siblings of Destiny; it is my Lord's Will that I must now go to Him.	ਹੇ ਮੇਰੇ ਸਿੱਖੋ! ਹੇ ਮੇਰੇ ਪੁੱਤ੍ਰੋ! ਹੇ ਮੇਰੇ ਭਰਾਵੋ! ਸੁਣੋ- ਮੇਰੇ ਅਕਾਲ ਪੁਰਖ ਨੂੰ (ਇਹ) ਚੰਗਾ ਲੱਗਾ ਹੈ (ਅਤੇ ਮੈਨੂੰ ਉਸ ਨੇ ਹੁਕਮ ਕੀਤਾ ਹੈ:) 'ਮੇਰੇ ਕੋਲ ਆਉ'।
39541	923	ਹਰਿ ਭਾਣਾ ਗੁਰ ਭਾਇਆ ਮੇਰਾ ਹਰਿ ਪ੍ਰਭੁ ਕਰੇ ਸਾਬਾਸਿ ਜੀਉ॥		Har Bhaanaa Gur Bhaaeiaa Maeraa Har Prabh Karae Saabaas Jeeo ||	The Guru gladly accepted the Lord's Will, and my Lord God applauded Him.	ਅਕਾਲ ਪੁਰਖ ਦੀ ਰਜ਼ਾ ਗੁਰੂ ਨੂੰ ਮਿੱਠੀ ਲੱਗੀ ਹੈ, ਮੇਰਾ ਪ੍ਰਭੂ (ਮੈਨੂੰ) ਸ਼ਾਬਾਸ਼ ਦੇ ਰਿਹਾ ਹੈ।

39542	923	ਭਗਤੁ ਸਤਿਗੁਰੁ ਪੁਰਖੁ ਸੋਈ ਜਿਸੁ ਹਰਿ ਪ੍ਰਭ ਭਾਣਾ ਭਾਵਏ॥	ਭਾਵ-ਏ	Bhagath Sathigur Purakh Soee Jis Har Prabh Bhaanaa Bhaaveae ||	One who is pleased with the Lord God's Will is a devotee, the True Guru, the Primal Lord.	ਉਹੀ (ਮਨੁੱਖ) ਭਗਤ ਹੈ ਤੇ ਪੂਰਾ ਗੁਰੂ ਹੈ ਜਿਸ ਨੂੰ ਰੱਬ ਦਾ ਭਾਣਾ ਮਿੱਠਾ ਲੱਗਦਾ ਹੈ;
39543	923	ਆਨੰਦ ਅਨਹਦ ਵਜਹਿ ਵਾਜੇ ਹਰਿ ਆਪਿ ਗਲਿ ਮੇਲਾਵਏ॥	ਮੇਲਾਵ-ਏ	Aanandh Anehadh Vajehi Vaajae Har Aap Gal Maelaaveae ||	The unstruck sound current of bliss resounds and vibrates; the Lord hugs him close in His embrace.	(ਉਸ ਦੇ ਅੰਦਰ) ਆਨੰਦ ਦੇ ਵਾਜੇ ਇੱਕ-ਰਸ ਵੱਜਦੇ ਹਨ, ਅਕਾਲ ਪੁਰਖ ਉਸ ਨੂੰ ਆਪ ਆਪਣੇ ਗਲ ਲਾਉਂਦਾ ਹੈ।
39544	923	ਤੁਸੀ ਪੁਤ ਭਾਈ ਪਰਵਾਰੁ ਮੇਰਾ ਮਨਿ ਵੇਖਹੁ ਕਰਿ ਨਿਰਜਾਸਿ ਜੀਉ॥		Thusee Puth Bhaaee Paravaar Maeraa Man Vaekhahu Kar Nirajaas Jeeo ||	O my children, siblings and family, look carefully in your minds, and see.	ਤੁਸੀਂ ਮੇਰੇ ਪੁੱਤਰ ਹੋ, ਮੇਰੇ ਭਰਾ ਹੋ ਮੇਰਾ ਪਰਵਾਰ ਹੋ; ਮਨ ਵਿਚ ਕਿਆਸ ਕਰ ਕੇ ਵੇਖਹੁ,
39545	923	ਧੁਰਿ ਲਿਖਿਆ ਪਰਵਾਣਾ ਫਿਰੈ ਨਾਹੀ ਗੁਰੁ ਜਾਇ ਹਰਿ ਪ੍ਰਭ ਪਾਸਿ ਜੀਉ॥੩॥		Dhhur Likhiaa Paravaanaa Firai Naahee Gur Jaae Har Prabh Paas Jeeo ||3||	The pre-ordained death warrant cannot be avoided; the Guru is going to be with the Lord God. ||3||	ਕਿ ਧੁਰੋਂ ਲਿਖਿਆ ਹੋਇਆ ਹੁਕਮ (ਕਦੇ) ਟਲ ਨਹੀਂ ਸਕਦਾ; (ਸੋ, ਇਸ ਵਾਸਤੇ, ਹੁਣ) ਗੁਰੂ, ਅਕਾਲ ਪੁਰਖ ਦੇ ਕੋਲ ਜਾ ਰਿਹਾ ਹੈ ॥੩॥

39546	923	ਸਤਿਗੁਰਿ ਭਾਣੈ ਆਪਣੈ ਬਹਿ ਪਰਵਾਰੁ ਸਦਾਇਆ॥		Sathigur Bhaanai Aapanai Behi Paravaar Sadhaaeiaa ||	The True Guru, in His Own Sweet Will, sat up and summoned His family.	ਗੁਰੂ (ਅਮਰਦਾਸ ਜੀ) ਨੇ ਬੈਠ ਕੇ ਆਪਣੀ ਮਰਜ਼ੀ ਨਾਲ (ਸਾਰੇ) ਪਰਵਾਰ ਨੂੰ ਸੱਦ ਘੱਲਿਆ; (ਤੇ ਆਖਿਆ-)
39547	923	ਮਤ ਮੈ ਪਿਛੈ ਕੋਈ ਰੋਵਸੀ ਸੋ ਮੈ ਮੂਲਿ ਨ ਭਾਇਆ॥		Math Mai Pishhai Koee Rovasee So Mai Mool N Bhaaeiaa ||	Let no one weep for me after I am gone. That would not please me at all.	ਮਤਾਂ ਮੇਰੇ ਪਿਛੋਂ ਕੋਈ ਰੋਵੇ, ਮੈਨੂੰ ਉਹ (ਰੋਣ ਵਾਲਾ) ਉੱਕਾ ਹੀ ਚੰਗਾ ਨਹੀਂ ਲੱਗਣਾ।
39548	923	ਮਿਤੁ ਪੈਝੈ ਮਿਤੁ ਬਿਗਸੈ ਜਿਸੁ ਮਿਤ ਕੀ ਪੈਜ ਭਾਵਏ॥	ਸਿਰੋਪਾ(ਪੈਝੈ)ਪੈਨ੍ਹੇ। ਜਿਸ ਮਿੱਤ੍ਰ ਨੂੰ ਪਿਆਰੇ ਦੀ(ਪੈਜ)ਵਡਿਆਈ(ਭਾ-ਵਏ)ਚੰਗੀ ਲੱਗਦੀ ਹੈ ਉਹ ਮਿੱਤ੍ਰ (ਬਿਗਸੈ)ਖ਼ੁਸ਼ ਹੁੰਦਾ ਹੈ। ਮਿੱਤੁ	Mith Paijhai Mith Bigasai Jis Mith Kee Paij Bhaaveae ||	When a friend receives a robe of honor, then his friends are pleased with his honor.	ਜਿਸ ਮਨੁੱਖ ਨੂੰ ਆਪਣੇ ਮਿਤ੍ਰ ਦੀ ਵਡਿਆਈ (ਹੁੰਦੀ) ਚੰਗੀ ਲੱਗਦੀ ਹੈ, ਉਹ ਖ਼ੁਸ਼ ਹੁੰਦਾ ਹੈ (ਜਦੋਂ) ਉਸ ਦੇ ਮਿਤ੍ਰ ਨੂੰ ਆਦਰ ਮਿਲਦਾ ਹੈ।
39549	923	ਤੁਸੀ ਵੀਚਾਰਿ ਦੇਖਹੁ ਪੁਤ ਭਾਈ ਹਰਿ ਸਤਿਗੁਰੂ ਪੈਨਾਵਏ॥	ਪੈਨ੍ਹਾ-ਵਏ	Thusee Veechaar Dhaekhahu Puth Bhaaee Har Sathiguroo Painaaveae ||	Consider this and see, O my children and siblings; the Lord has given the True Guru the robe of supreme honor.	ਤੁਸੀ ਭੀ, ਹੇ ਮੇਰੇ ਪੁਤਰੋ ਤੇ ਭਰਾਵੋ! (ਹੁਣ) ਵਿਚਾਰ ਕੇ ਵੇਖ ਲਵੋ ਕਿ ਅਕਾਲ ਪੁਰਖ ਗੁਰੂ ਨੂੰ ਆਦਰ ਦੇ ਰਿਹਾ ਹੈ (ਇਸ ਵਾਸਤੇ ਤੁਸੀ ਭੀ ਖ਼ੁਸ਼ ਹੋਵੋ)।

39550	923	ਸਤਿਗੁਰੂ ਪਰਤਖਿ ਹੋਦੈ ਬਹਿ ਰਾਜੁ ਆਪਿ ਟਿਕਾਇਆ॥		Sathiguroo Parathakh Hodhai Behi Raaj Aap Ttikaaeiaa ||	The True Guru Himself sat up, and appointed the successor to the Throne of Raja Yoga, the Yoga of Meditation and Success.	(ਇਹ ਉਪਦੇਸ਼ ਦੇ ਕੇ, ਫਿਰ) ਗੁਰੂ (ਅਮਰਦਾਸ ਜੀ) ਨੇ ਸਰੀਰਕ ਜਾਮੇ ਵਿਚ ਹੁੰਦਿਆਂ ਹੀ ਬੈਠ ਕੇ ਆਪ ਗੁਰਿਆਈ ਦੀ ਗੱਦੀ (ਭੀ) ਥਾਪ ਦਿੱਤੀ,
39551	923	ਸਭਿ ਸਿਖ ਬੰਧਪ ਪੁਤ ਭਾਈ ਰਾਮਦਾਸ ਪੈਰੀ ਪਾਇਆ॥੪॥		Sabh Sikh Bandhhap Puth Bhaaee Raamadhaas Pairee Paaeiaa ||4||	All the Sikhs, relatives, children and siblings have fallen at the Feet of Guru Ram Das. ||4||	(ਅਤੇ) ਸਾਰੇ ਸਿੱਖਾਂ ਨੂੰ, ਸਾਕਾਂ-ਅੰਗਾਂ ਨੂੰ, ਪੁਤ੍ਰਾਂ ਨੂੰ, ਅਤੇ ਭਰਾਵਾਂ ਨੂੰ (ਗੁਰੂ) ਰਾਮਦਾਸ ਜੀ ਦੀ ਚਰਨੀ ਲਾ ਦਿੱਤਾ ॥੪॥
39552	923	ਅੰਤੇ ਸਤਿਗੁਰੁ ਬੋਲਿਆ ਮੈ ਪਿਛੈ ਕੀਰਤਨੁ ਕਰਿਅਹੁ ਨਿਰਬਾਣੁ ਜੀਉ॥		Anthae Sathigur Boliaa Mai Pishhai Keerathan Kariahu Nirabaan Jeeo ||	Finally, the True Guru said, ""When I am gone, sing Kirtan in Praise of the Lord, in Nirvaanaa.""	ਜੋਤੀ ਜੋਤਿ ਸਮਾਣ ਵੇਲੇ ਗੁਰੂ ਅਮਰਦਾਸ ਜੀ ਨੇ ਆਖਿਆ, ਮੇਰੇ ਪਿੱਛੋਂ ਨਿਰੋਲ ਕੀਰਤਨ ਕਰਿਓ,
39553	923	ਕੇਸੋ ਗੋਪਾਲ ਪੰਡਿਤ ਸਦਿਅਹੁ ਹਰਿ ਹਰਿ ਕਥਾ ਪੜਹਿ ਪੁਰਾਣੁ ਜੀਉ॥	ਸੱਦਿ-ਅਹੁ	Kaeso Gopaal Panddith Sadhiahu Har Har Kathhaa Parrehi Puraan Jeeo ||	Call in the long-haired scholarly Saints of the Lord, to read the sermon of the Lord, Har, Har.	ਕੇਸੋ ਗੋਪਾਲ (ਅਕਾਲ ਪੁਰਖ) ਦੇ ਪੰਡਿਤਾਂ ਨੂੰ ਸੱਦ ਘੱਲਿਓ, ਜੋ (ਆ ਕੇ) ਅਕਾਲ ਪੁਰਖ ਦੀ ਕਥਾ ਵਾਰਤਾ-ਰੂਪ ਪੁਰਾਣ ਪੜ੍ਹਨ।

39554	923	ਹਰਿ ਕਥਾ ਪੜੀਐ ਹਰਿ ਨਾਮੁ ਸੁਣੀਐ ਬੇਬਾਣੁ ਹਰਿ ਰੰਗੁ ਗੁਰ ਭਾਵਏ॥	ਮ੍ਰਿਤਕ ਲਿਜਾਣ ਲਈ(ਬੇਬਾਣੁ)ਸਜਾਇਆ ਜਾਂਦਾ ਹੈ। ਭਾਵ-ਏ	Har Kathhaa Parreeai Har Naam Suneeai Baebaan Har Rang Gur Bhaaveae ||	Read the sermon of the Lord, and listen to the Lord's Name; the Guru is pleased with love for the Lord.	(ਚੇਤਾ ਰੱਖਿਓ, ਮੇਰੇ ਪਿੱਛੋਂ) ਅਕਾਲ ਪੁਰਖ ਦੀ ਕਥਾ (ਹੀ) ਪੜ੍ਹਨੀ ਚਾਹੀਦੀ ਹੈ, ਅਕਾਲ ਪੁਰਖ ਦਾ ਨਾਮ ਹੀ ਸੁਣਨਾ ਚਾਹੀਦਾ ਹੈ, ਬੇਬਾਣ ਭੀ ਗੁਰੂ ਨੂੰ (ਕੇਵਲ) ਅਕਾਲ ਪੁਰਖ ਦਾ ਪਿਆਰ ਹੀ ਚੰਗਾ ਲੱਗਦਾ ਹੈ।
39555	923	ਪਿੰਡੁ ਪਤਲਿ ਕਿਰਿਆ ਦੀਵਾ ਫੁਲ ਹਰਿ ਸਰਿ ਪਾਵਏ॥	ਪੱਤਲਿ	Pindd Pathal Kiriaa Dheevaa Ful Har Sar Paaveae ||	Do not bother with offering rice-balls on leaves, lighting lamps, and other rituals like floating the body out on the Ganges; instead, let my remains be given up to the Lord's Pool.	ਗੁਰੂ (ਤਾਂ) ਪਿੰਡ ਪਤਲਿ, ਕਿਰਿਆ, ਦੀਵਾ ਅਤੇ ਫੁੱਲ- ਇਹਨਾਂ ਸਭਨਾਂ ਨੂੰ ਸਤਸੰਗ ਤੋਂ ਸਦਕੇ ਕਰਦਾ ਹੈ।
39556	923	ਹਰਿ ਭਾਇਆ ਸਤਿਗੁਰੁ ਬੋਲਿਆ ਹਰਿ ਮਿਲਿਆ ਪੁਰਖੁ ਸੁਜਾਣੁ ਜੀਉ॥		Har Bhaaeiaa Sathigur Boliaa Har Miliaa Purakh Sujaan Jeeo ||	The Lord was pleased as the True Guru spoke; he was blended then with the all-knowing Primal Lord God.	ਅਕਾਲ ਪੁਰਖ ਨੂੰ ਪਿਆਰੇ ਲੱਗੇ ਹੋਏ ਗੁਰੂ ਨੇ (ਉਸ ਵੇਲੇ) ਇਉਂ ਆਖਿਆ। ਸਤਿਗੁਰੂ ਨੂੰ ਸੁਜਾਣ ਅਕਾਲ ਪੁਰਖ ਮਿਲ ਪਿਆ।

39557	923	ਰਾਮਦਾਸ ਸੋਢੀ ਤਿਲਕੁ ਦੀਆ ਗੁਰ ਸਬਦੁ ਸਚੁ ਨੀਸਾਣੁ ਜੀਉ॥੫॥		Raamadhaas Sodtee Thilak Dheeaa Gur Sabadh Sach Neesaan Jeeo ||5||	The Guru then blessed the Sodhi Ram Das with the ceremonial tilak mark, the insignia of the True Word of the Shabad. ||5||	ਗੁਰੂ ਅਮਰਦਾਸ ਜੀ ਨੇ ਸੋਢੀ (ਗੁਰੂ) ਰਾਮਦਾਸ ਜੀ ਨੂੰ (ਗੁਰਿਆਈ ਦਾ) ਤਿਲਕ (ਅਤੇ) ਗੁਰੂ ਦਾ ਸ਼ਬਦ-ਰੂਪ ਸੱਚੀ ਰਾਹਦਾਰੀ ਬਖ਼ਸ਼ੀ ॥੫॥
39558	924	ਸਤਿਗੁਰੁ ਪੁਰਖੁ ਜਿ ਬੋਲਿਆ ਗੁਰਸਿਖਾ ਮੰਨਿ ਲਈ ਰਜਾਇ ਜੀਉ॥		Sathigur Purakh J Boliaa Gurasikhaa Mann Lee Rajaae Jeeo ||	And as the True Guru, the Primal Lord spoke, and the Gursikhs obeyed His Will.	ਜਦੋਂ ਗੁਰੂ ਅਮਰਦਾਸ ਜੀ ਨੇ ਬਚਨ ਕੀਤਾ (ਕਿ ਸਾਰੇ ਗੁਰੂ ਰਾਮਦਾਸ ਜੀ ਦੇ ਚਰਨੀਂ ਲੱਗਣ, ਤਾਂ) ਗੁਰਸਿੱਖਾਂ ਨੇ (ਗੁਰੂ ਅਮਰਦਾਸ ਜੀ ਦਾ) ਹੁਕਮ ਮੰਨ ਲਿਆ।
39559	924	ਮੋਹਰੀ ਪੁਤੁ ਸਨਮੁਖੁ ਹੋਇਆ ਰਾਮਦਾਸੈ ਪੈਰੀ ਪਾਇ ਜੀਉ॥	ਪੈਰੀਂ	Moharee Puth Sanamukh Hoeiaa Raamadhaasai Pairee Paae Jeeo ||	His son Mohri turned sunmukh, and become obedient to Him; he bowed, and touched Ram Das' feet.	(ਸਭ ਤੋਂ ਪਹਿਲਾਂ) (ਗੁਰੂ ਅਮਰਦਾਸ ਜੀ ਦੇ) ਪੁੱਤ੍ਰ (ਬਾਬਾ) ਮੋਹਰੀ ਜੀ ਗੁਰੂ ਰਾਮਦਾਸ ਜੀ ਦੇ ਪੈਰਾਂ ਤੇ ਪੈ ਕੇ (ਪਿਤਾ ਦੇ) ਸਾਮ੍ਹਣੇ ਸੁਰਖ਼ਰੂ ਹੋ ਕੇ ਆ ਖਲੋਤੇ।
39560	924	ਸਭ ਪਵੈ ਪੈਰੀ ਸਤਿਗੁਰੂ ਕੇਰੀ ਜਿਥੈ ਗੁਰੂ ਆਪੁ ਰਖਿਆ॥		Sabh Pavai Pairee Sathiguroo Kaeree Jithhai Guroo Aap Rakhiaa ||	Then, everyone bowed and touched the feet of Ram Das, into whom the Guru infused His essence.	ਗੁਰੂ ਰਾਮਦਾਸ ਜੀ ਵਿਚ ਗੁਰੂ (ਅਮਰਦਾਸ ਜੀ) ਨੇ ਆਪਣੀ ਆਤਮਾ ਟਿਕਾ ਦਿੱਤੀ, (ਇਸ ਵਾਸਤੇ) ਸਾਰੀ ਲੋਕਾਈ ਗੁਰੂ (ਰਾਮਦਾਸ ਜੀ) ਦੀ ਪੈਰੀਂ ਆ ਪਈ।

39561	924	ਕੋਈ ਕਰਿ ਬਖੀਲੀ ਨਿਵੈ ਨਾਹੀ ਫਿਰਿ ਸਤਿਗੁਰੂ ਆਣਿ ਨਿਵਾਇਆ॥		Koee Kar Bakheelee Nivai Naahee Fir Sathiguroo Aan Nivaaeiaa ||	And any that did not bow then because of envy - later, the True Guru brought them around to bow in humility.	ਜੇ ਕੋਈ ਨਿੰਦਾ ਕਰ ਕੇ (ਪਹਿਲਾਂ) ਨਹੀਂ ਸੀ ਭੀ ਨਿੰਵਿਆ, ਉਸ ਨੂੰ ਭੀ ਗੁਰੂ ਅਮਰਦਾਸ ਜੀ ਨੇ ਲਿਆ ਕੇ ਆ ਪੈਰੀਂ ਪਾਇਆ।
39562	924	ਹਰਿ ਗੁਰਹਿ ਭਾਣਾ ਦੀਈ ਵਡਿਆਈ ਧੁਰਿ ਲਿਖਿਆ ਲੇਖੁ ਰਜਾਇ ਜੀਉ॥	ਦੀ-ਈ	Har Gurehi Bhaanaa Dheeee Vaddiaaee Dhhur Likhiaa Laekh Rajaae Jeeo ||	It pleased the Guru, the Lord, to bestow glorious greatness upon Him; such was the pre-ordained destiny of the Lord's Will.	ਅਕਾਲ ਪੁਰਖ ਅਤੇ ਗੁਰੂ ਅਮਰਦਾਸ ਜੀ ਨੂੰ (ਇਹੀ) ਚੰਗਾ ਲੱਗਾ, (ਉਹਨਾਂ ਗੁਰੂ ਰਾਮਦਾਸ ਜੀ ਨੂੰ) ਵਡਿਆਈ ਬਖ਼ਸ਼ੀ; ਧੁਰੋਂ ਅਕਾਲ ਪੁਰਖ ਦਾ ਇਹੀ ਹੁਕਮ ਲਿਖਿਆ ਆਇਆ ਸੀ;
39563	924	ਕਹੈ ਸੁੰਦਰੁ ਸੁਣਹੁ ਸੰਤਹੁ ਸਭੁ ਜਗਤੁ ਪੈਰੀ ਪਾਇ ਜੀਉ॥੬॥੧॥	ਜੱਗਤੁ	Kehai Sundhar Sunahu Santhahu Sabh Jagath Pairee Paae Jeeo ||6||1||	Says Sundar, listen, O Saints: all the world fell at His feet. ||6||1||	ਸੁੰਦਰ ਆਖਦਾ ਹੈ ਕਿ ਹੇ ਸੰਤਹੁ! ਸੁਣੋ, (ਇਸ ਵਾਸਤੇ) ਸਾਰਾ ਜਗਤ (ਗੁਰੂ ਰਾਮਦਾਸ ਜੀ ਦੀ) ਪੈਰੀਂ ਪਿਆ ॥੬॥੧॥
39564	924	ਰਾਮਕਲੀ ਮਹਲਾ ੫ ਛੰਤ		Raamakalee Mehalaa 5 Shhantha	Raamkalee, Fifth Mehl, Chhant:	ਰਾਗ ਰਾਮਕਲੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ'।
39565	924	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

39566	924	ਸਾਜਨੜਾ ਮੇਰਾ ਸਾਜਨੜਾ ਨਿਕਟਿ ਖਲੋਇਅੜਾ ਮੇਰਾ ਸਾਜਨੜਾ॥		Saajanarraa Maeraa Saajanarraa Nikatt Khaloeiarraa Maeraa Saajanarraa ||	Friend, my Friend - standing so near to me is my Friend!	ਪਰਮਾਤਮਾ ਮੇਰਾ ਪਿਆਰਾ ਸੱਜਣ ਹੈ, ਮੇਰਾ ਪਿਆਰਾ ਮਿੱਤਰ ਹੈ; ਉਹ ਮੇਰਾ ਪਿਆਰਾ ਸੱਜਣ (ਹਰ ਵੇਲੇ) ਮੇਰੇ ਪਾਸ ਖਲੋਤਾ ਹੋਇਆ ਹੈ।
39567	924	ਜਾਨੀਅੜਾ ਹਰਿ ਜਾਨੀਅੜਾ ਨੈਣ ਅਲੋਇਅੜਾ ਹਰਿ ਜਾਨੀਅੜਾ॥		Jaaneearraa Har Jaaneearraa Nain Aloeiarraa Har Jaaneearraa ||	Beloved, the Lord my Beloved - with my eyes, I have seen the Lord, my Beloved!	ਪਰਮਾਤਮਾ ਮੈਨੂੰ ਜਿੰਦ ਤੋਂ ਭੀ ਪਿਆਰਾ ਹੈ, ਮੈਨੂੰ ਜਾਨ ਤੋਂ ਭੀ ਪਿਆਰਾ ਹੈ, ਉਸ ਪਿਆਰੇ ਜਾਨੀ ਪ੍ਰਭੂ ਨੂੰ ਮੈਂ (ਆਪਣੀਆਂ) ਅੱਖਾਂ ਨਾਲ ਵੇਖ ਲਿਆ ਹੈ।
39568	924	ਨੈਣ ਅਲੋਇਆ ਘਟਿ ਘਟਿ ਸੋਇਆ ਅਤਿ ਅੰਮ੍ਰਿਤ ਪ੍ਰਿਅ ਗੂੜਾ॥	ਗੂੜ੍ਹਾ	Nain Aloeiaa Ghatt Ghatt Soeiaa Ath Anmrith Pria Goorraa ||	With my eyes I have seen Him, sleeping upon the bed within each and every heart; my Beloved is the sweetest ambrosial nectar.	ਮੈਂ ਅੱਖੀਂ ਵੇਖ ਲਿਆ ਹੈ ਕਿ ਉਹ ਅੱਤ ਮਿੱਠਾ ਤੇ ਪਿਆਰਾ ਮਿੱਤਰ ਪ੍ਰਭੂ ਹਰੇਕ ਸਰੀਰ ਵਿਚ ਗੁਪਤ ਵੱਸ ਰਿਹਾ ਹੈ।
39569	924	ਨਾਲਿ ਹੋਵੰਦਾ ਲਹਿ ਨ ਸਕੰਦਾ ਸੁਆਉ ਨ ਜਾਣੈ ਮੂੜਾ॥	ਮੂੜ੍ਹਾ	Naal Hovandhaa Lehi N Sakandhaa Suaao N Jaanai Moorraa ||	He is with all, but he cannot be found; the fool does not know His taste.	ਪਰ, ਮੂਰਖ ਜੀਵ (ਉਸ ਦੇ ਮਿਲਾਪ ਦਾ) ਸੁਆਦ ਨਹੀਂ ਜਾਣਦਾ, (ਕਿਉਂਕਿ) ਉਸ ਹਰ-ਵੇਲੇ-ਨਾਲ-ਵੱਸਦੇ ਮਿੱਤਰ ਨੂੰ (ਮੂਰਖ ਮਨੁੱਖ) ਲੱਭ ਨਹੀਂ ਸਕਦਾ।

39570	924	ਮਾਇਆ ਮਦਿ ਮਾਤਾ ਹੋਛੀ ਬਾਤਾ ਮਿਲਣੁ ਨ ਜਾਈ ਭਰਮ ਧੜਾ॥	ਮੱਾਤਾ	Maaeiaa Madh Maathaa Hoshhee Baathaa Milan N Jaaee Bharam Dhharraa ||	Intoxicated with the wine of Maya, the mortal babbles on about trivial affairs; giving in to the illusion, he cannot meet the Lord.	ਮੂਰਖ ਜੀਵ ਮਾਇਆ ਦੇ ਨਸ਼ੇ ਵਿਚ ਮਸਤ ਰਹਿੰਦਾ ਹੈ ਤੇ ਥੋੜ-ਵਿਤੀਆਂ ਗੱਲਾਂ ਹੀ ਕਰਦਾ ਰਹਿੰਦਾ ਹੈ। ਭਟਕਣਾ ਦਾ ਪ੍ਰਭਾਵ ਹੋਣ ਕਰਕੇ (ਉਸ ਪਿਆਰੇ ਮਿੱਤਰ ਨੂੰ) ਮਿਲਿਆ ਨਹੀਂ ਜਾ ਸਕਦਾ।
39571	924	ਕਹੁ ਨਾਨਕ ਗੁਰ ਬਿਨੁ ਨਾਹੀ ਸੂਝੈ ਹਰਿ ਸਾਜਨੁ ਸਭ ਕੈ ਨਿਕਟਿ ਖੜਾ॥੧॥	ਖੜ੍ਹਾ	Kahu Naanak Gur Bin Naahee Soojhai Har Saajan Sabh Kai Nikatt Kharraa ||1||	Says Nanak, without the Guru, he cannot understand the Lord, the Friend who is standing near everyone. ||1||	ਨਾਨਕ ਆਖਦਾ ਹੈ- ਸੱਜਣ ਪਰਮਾਤਮਾ (ਭਾਵੇਂ) ਸਭ ਜੀਵਾਂ ਦੇ ਨੇੜੇ ਖਲੋਤਾ ਹੋਇਆ ਹੈ, ਪਰ ਗੁਰੂ ਤੋਂ ਬਿਨਾ ਉਹ ਦਿੱਸਦਾ ਨਹੀਂ ॥੧॥
39572	924	ਗੋਬਿੰਦਾ ਮੇਰੇ ਗੋਬਿੰਦਾ ਪ੍ਰਾਣ ਅਧਾਰਾ ਮੇਰੇ ਗੋਬਿੰਦਾ॥		Gobindhaa Maerae Gobindhaa Praan Adhhaaraa Maerae Gobindhaa ||	God, my God - the Support of the breath of life is my God.	ਹੇ ਗੋਬਿੰਦ! ਹੇ ਮੇਰੇ ਗੋਬਿੰਦ! ਹੇ ਮੇਰੀ ਜ਼ਿੰਦਗੀ ਦੇ ਆਸਰੇ ਗੋਬਿੰਦ!
39573	924	ਕਿਰਪਾਲਾ ਮੇਰੇ ਕਿਰਪਾਲਾ ਦਾਨ ਦਾਤਾਰਾ ਮੇਰੇ ਕਿਰਪਾਲਾ॥		Kirapaalaa Maerae Kirapaalaa Dhaan Dhaathaaraa Maerae Kirapaalaa ||	Merciful Lord, my Merciful Lord - the Giver of gifts is my Merciful Lord.	ਹੇ ਦਇਆ ਦੇ ਘਰ! ਹੇ ਮੇਰੇ ਕਿਰਪਾਲ! ਹੇ ਸਭ ਦਾਤਾਂ ਦੇਣ ਵਾਲੇ ਮੇਰੇ ਕਿਰਪਾਲ!

39574	924	ਦਾਨ ਦਾਤਾਰਾ ਅਪਰ ਅਪਾਰਾ ਘਟ ਘਟ ਅੰਤਰਿ ਸੋਹਨਿਆ॥		Dhaan Dhaathaaraa Apar Apaaraa Ghatt Ghatt Anthar Sohaniaa ||	The Giver of gifts is infinite and unlimited; deep within each and every heart, He is so beautiful!	ਹੇ ਸਭ ਦਾਤਾਂ ਦੇਣ ਵਾਲੇ! ਹੇ ਬੇਅੰਤ! ਹੇ ਹਰੇਕ ਸਰੀਰ ਵਿਚ ਵੱਸ ਰਹੇ ਪ੍ਰਭੂ!
39575	924	ਇਕ ਦਾਸੀ ਧਾਰੀ ਸਬਲ ਪਸਾਰੀ ਜੀਅ ਜੰਤ ਲੈ ਮੋਹਨਿਆ॥		Eik Dhaasee Dhhaaree Sabal Pasaaree Jeea Janth Lai Mohaniaa ||	He created Maya, His slave, so powerfully pervasive - she has enticed all beings and creatures.	ਤੂੰ ਮਾਇਆ-ਦਾਸੀ ਪੈਦਾ ਕੀਤੀ, ਉਸ ਨੇ ਬੜਾ ਬਲ ਵਾਲਾ ਖਿਲਾਰਾ ਖਿਲਾਰਿਆ ਹੈ ਤੇ ਸਭ ਜੀਵਾਂ ਨੂੰ ਆਪਣੇ ਵੱਸ ਵਿਚ ਕਰ ਕੇ ਮੋਹ ਰੱਖਿਆ ਹੈ।
39576	924	ਜਿਸ ਨੋ ਰਾਖੈ ਸੋ ਸਚੁ ਭਾਖੈ ਗੁਰ ਕਾ ਸਬਦੁ ਬੀਚਾਰਾ॥		Jis No Raakhai So Sach Bhaakhai Gur Kaa Sabadh Beechaaraa ||	One whom the Lord saves, chants the True Name, and contemplates the Word of the Guru's Shabad.	ਜਿਸ ਮਨੁੱਖ ਨੂੰ ਪਰਮਾਤਮਾ (ਇਸ ਦਾਸੀ-ਮਾਇਆ ਤੋਂ) ਬਚਾ ਰੱਖਦਾ ਹੈ, ਉਹ ਮਨੁੱਖ ਸਦਾ-ਥਿਰ ਪ੍ਰਭੂ ਨੂੰ ਸਿਮਰਦਾ ਰਹਿੰਦਾ ਹੈ, ਗੁਰੂ ਦੇ ਸ਼ਬਦ ਨੂੰ ਆਪਣੀ ਸੁਰਤ ਵਿਚ ਟਿਕਾਈ ਰੱਖਦਾ ਹੈ।
39577	924	ਕਹੁ ਨਾਨਕ ਜੋ ਪ੍ਰਭ ਕਉ ਭਾਣਾ ਤਿਸ ਹੀ ਕਉ ਪ੍ਰਭੁ ਪਿਆਰਾ॥੨॥		Kahu Naanak Jo Prabh Ko Bhaanaa This Hee Ko Prabh Piaaraa ||2||	Says Nanak, one who is pleasing to God - God is very dear to him. ||2||	ਨਾਨਕ ਆਖਦਾ ਹੈ- ਜਿਹੜਾ ਮਨੁੱਖ ਪਰਮਾਤਮਾ ਨੂੰ ਚੰਗਾ ਲਗਦਾ ਹੈ ਉਸੇ ਨੂੰ ਹੀ ਪਰਮਾਤਮਾ ਪਿਆਰਾ ਲੱਗਦਾ ਹੈ ॥੨॥

39578	924	ਮਾਣੋ ਪ੍ਰਭ ਮਾਣੋ ਮੇਰੇ ਪ੍ਰਭ ਕਾ ਮਾਣੋ॥		Maano Prabh Maano Maerae Prabh Kaa Maano ||	I take pride, I take pride in God; I take pride in my God.	(ਸਭ ਜੀਵਾਂ ਨੂੰ) ਪ੍ਰਭੂ (ਦੇ ਆਸਰੇ) ਦਾ ਹੀ ਮਾਣ-ਫ਼ਖ਼ਰ ਹੋ ਸਕਦਾ ਹੈ,
39579	924	ਜਾਣੋ ਪ੍ਰਭੁ ਜਾਣੋ ਸੁਆਮੀ ਸੁਘੜੁ ਸੁਜਾਣੋ॥	ਸੁਘੜੁ	Jaano Prabh Jaano Suaamee Sugharr Sujaano ||	Wise, God is wise; my Lord and Master is all-wise, and all-knowing.	ਪ੍ਰਭੂ ਹੀ (ਸਭ ਦੇ ਦਿਲਾਂ ਦੀ) ਜਾਣਨ ਵਾਲਾ ਮਾਲਕ ਹੈ ਸਿਆਣਾ ਹੈ ਸੁਜਾਨ ਹੈ।
39580	924	ਸੁਘੜ ਸੁਜਾਨਾ ਸਦ ਪਰਧਾਨਾ ਅੰਮ੍ਰਿਤੁ ਹਰਿ ਕਾ ਨਾਮਾ॥	ਸੁਘੜੁ	Sugharr Sujaanaa Sadh Paradhhaanaa Anmrith Har Kaa Naamaa ||	All-wise and all-knowing, and forever supreme; the Name of the Lord is Ambrosial Nectar.	ਪਰਮਾਤਮਾ ਸਿਆਣਾ ਹੈ ਸੁਜਾਣ ਹੈ ਸਦਾ ਮੰਨਿਆ-ਪਰਮੰਨਿਆ ਹੈ; ਉਸ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ।
39581	924	ਚਾਖਿ ਅਘਾਣੇ ਸਾਰਿਗਪਾਣੇ ਜਿਨ ਕੈ ਭਾਗ ਮਥਾਨਾ॥		Chaakh Aghaanae Saarigapaanae Jin Kai Bhaag Mathhaanaa ||	Those who have such pre-ordained destiny recorded upon their foreheads, taste it, and are satisfied with the Lord of the Universe.	ਜਿਨ੍ਹਾਂ (ਬੰਦਿਆਂ) ਦੇ ਮੱਥੇ ਦੇ ਭਾਗ ਜਾਗਦੇ ਹਨ ਉਹ ਉਸ ਧਨੁਖ-ਧਾਰੀ ਪਰਮਾਤਮਾ ਦਾ ਨਾਮ-ਅੰਮ੍ਰਿਤ ਚੱਖ ਕੇ (ਮਾਇਆ ਦੀ ਭੁੱਖ ਵਲੋਂ) ਰੱਜ ਜਾਂਦੇ ਹਨ।
39582	924	ਤਿਨ ਹੀ ਪਾਇਆ ਤਿਨਹਿ ਧਿਆਇਆ ਸਗਲ ਤਿਸੈ ਕਾ ਮਾਣੋ॥		Thin Hee Paaeiaa Thinehi Dhhiaaeiaa Sagal Thisai Kaa Maano ||	They meditate on Him, and find Him; they place all their pride in Him.	ਉਹਨਾਂ ਬੰਦਿਆਂ ਨੇ ਹੀ ਉਸ ਪ੍ਰਭੂ ਨੂੰ ਲੱਭ ਲਿਆ ਹੈ, ਉਹਨਾਂ ਨੇ ਹੀ ਉਸ ਦਾ ਨਾਮ ਸਿਮਰਿਆ ਹੈ। ਸਭ ਜੀਵਾਂ ਨੂੰ ਪ੍ਰਭੂ ਦੇ ਆਸਰੇ ਦਾ ਹੀ ਮਾਣ-ਫ਼ਖ਼ਰ ਹੈ।

39583	924	ਕਹੁ ਨਾਨਕ ਥਿਰੁ ਤਖਤਿ ਨਿਵਾਸੀ ਸਚੁ ਤਿਸੈ ਦੀਬਾਣੋ॥੩॥		Kahu Naanak Thhir Thakhath Nivaasee Sach Thisai Dheebaano ||3||	Says Nanak, He is seated on His eternal throne; True is His royal court. ||3||	ਨਾਨਕ ਆਖਦਾ ਹੈ- ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, (ਸਦਾ ਆਪਣੇ) ਤਖ਼ਤ ਉਤੇ ਟਿਕਿਆ ਰਹਿਣ ਵਾਲਾ ਹੈ। (ਸਿਰਫ਼) ਉਸ ਦਾ ਹੀ ਦਰਬਾਰ ਸਦਾ ਕਾਇਮ ਰਹਿਣ ਵਾਲਾ ਹੈ ॥੩॥
39584	924	ਮੰਗਲਾ ਹਰਿ ਮੰਗਲਾ ਮੇਰੇ ਪ੍ਰਭ ਕੈ ਸੁਣੀਐ ਮੰਗਲਾ॥		Mangalaa Har Mangalaa Maerae Prabh Kai Suneeai Mangalaa ||	The song of joy, the Lord's song of joy; listen to the song of joy of my God.	ਸੰਤ ਜਨ ਆਖਦੇ ਹਨ ਕਿ ਮੇਰੇ ਪ੍ਰਭੂ ਦੇ ਘਰ ਵਿਚ ਖ਼ੁਸ਼ੀ ਸਦਾ ਖ਼ੁਸ਼ੀ ਹੀ ਰਹਿੰਦੀ ਹੈ।
39585	924	ਸੋਹਿਲੜਾ ਪ੍ਰਭ ਸੋਹਿਲੜਾ ਅਨਹਦ ਧੁਨੀਐ ਸੋਹਿਲੜਾ॥		Sohilarraa Prabh Sohilarraa Anehadh Dhhuneeai Sohilarraa ||	The wedding song, God's wedding song; the unstruck sound current of His wedding song resounds.	ਉਸ ਪ੍ਰਭੂ ਦੇ ਘਰ ਵਿਚ ਇਕ-ਰਸ ਸੁਰ ਵਾਲਾ ਸਿਫ਼ਤ-ਸਾਲਾਹ ਦਾ ਮਿੱਠਾ ਗੀਤ ਸਦਾ ਹੁੰਦਾ ਰਹਿੰਦਾ ਹੈ।
39586	924	ਅਨਹਦ ਵਾਜੇ ਸਬਦ ਅਗਾਜੇ ਨਿਤ ਨਿਤ ਜਿਸਹਿ ਵਧਾਈ॥		Anehadh Vaajae Sabadh Agaajae Nith Nith Jisehi Vadhhaaee ||	The unstruck sound current vibrates, and the Word of the Shabad resounds; there is continuous, continual rejoicing.	ਜਿਸ ਪ੍ਰਭੂ ਦੀ ਸਦਾ ਹੀ ਚੜ੍ਹਦੀ ਕਲਾ ਰਹਿੰਦੀ ਹੈ, ਉਸ ਦੇ ਘਰ ਵਿਚ ਉਸ ਦੀ ਸਿਫ਼ਤ-ਸਾਲਾਹ ਦੇ ਇਕ-ਰਸ ਵਾਜੇ ਵੱਜਦੇ ਰਹਿੰਦੇ ਹਨ।

39587	924	ਸੋ ਪ੍ਰਭੁ ਧਿਆਈਐ ਸਭੁ ਕਿਛੁ ਪਾਈਐ ਮਰੈ ਨ ਆਵੈ ਜਾਈ॥		So Prabh Dhhiaaeeai Sabh Kishh Paaeeai Marai N Aavai Jaaee ||	Meditating on that God, everything is obtained; He does not die, or come or go.	ਉਹ ਪਰਮਾਤਮਾ (ਕਦੇ) ਮਰਦਾ ਨਹੀਂ, ਉਹ ਨਾਹ ਜੰਮਦਾ ਹੈ ਨਾਹ ਮਰਦਾ ਹੈ। ਉਸ ਪ੍ਰਭੂ ਨੂੰ ਸਦਾ ਸਿਮਰਨਾ ਚਾਹੀਦਾ ਹੈ (ਜੇ ਉਸ ਦਾ ਸਿਮਰਨ ਕਰਦੇ ਰਹੀਏ, ਤਾਂ ਉਸ ਦੇ ਦਰ ਤੋਂ) ਹਰੇਕ (ਮੂੰਹ-ਮੰਗੀ) ਚੀਜ਼ ਹਾਸਲ ਕਰ ਲਈਦੀ ਹੈ।
39588	924	ਚੂਕੀ ਪਿਆਸਾ ਪੂਰਨ ਆਸਾ ਗੁਰਮੁਖਿ ਮਿਲੁ ਨਿਰਗੁਨੀਐ॥		Chookee Piaasaa Pooran Aasaa Guramukh Mil Niraguneeai ||	Thirst is quenched, and hopes are fulfilled; the Gurmukh meets with the absolute, unmanifest Lord.	(ਜਿਹੜਾ ਮਨੁੱਖ ਉਸ ਦਾ ਸਿਮਰਨ ਕਰਦਾ ਹੈ ਉਸ ਦੀ ਮਾਇਆ ਦੀ) ਤ੍ਰਿਸ਼ਨਾ ਮੁੱਕ ਜਾਂਦੀ ਹੈ, ਉਸ ਦੀ (ਹਰੇਕ) ਆਸ ਪੂਰੀ ਹੋ ਜਾਂਦੀ ਹੈ। (ਤੂੰ ਭੀ) ਗੁਰੂ ਦੀ ਸਰਨ ਪੈ ਕੇ ਉਸ ਮਾਇਆ-ਰਹਿਤ (ਨਿਰਲੇਪ) ਪਰਮਾਤਮਾ ਦਾ ਮਿਲਾਪ ਹਾਸਲ ਕਰ।
39589	924	ਕਹੁ ਨਾਨਕ ਘਰਿ ਪ੍ਰਭ ਮੇਰੇ ਕੈ ਨਿਤ ਨਿਤ ਮੰਗਲੁ ਸੁਨੀਐ॥੪॥੧॥		Kahu Naanak Ghar Prabh Maerae Kai Nith Nith Mangal Suneeai ||4||1||	Says Nanak, in the Home of my God, the songs of joy are continuously, continually heard. ||4||1||	ਨਾਨਕ ਆਖਦਾ ਹੈ- (ਇਹ ਗੱਲ ਗੁਰਮੁਖਾਂ ਦੇ ਮੂੰਹੋ) ਸੁਣੀ ਜਾ ਰਹੀ ਹੈ ਕਿ ਮੇਰੇ ਪ੍ਰਭੂ ਦੇ ਘਰ ਵਿਚ ਸਦਾ ਹੀ ਖ਼ੁਸ਼ੀ ਰਹਿੰਦੀ ਹੈ ॥੪॥੧॥
39590	925	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee Fifth Mehl:	

39591	925	ਹਰਿ ਹਰਿ ਧਿਆਇ ਮਨਾ ਖਿਨੁ ਨ ਵਿਸਾਰੀਐ॥		Har Har Dhhiaae Manaa Khin N Visaareeai ||	Meditate on the Lord Har Har, O mind; don't forget Him, even for an instant.	ਹੇ (ਮੇਰੇ) ਮਨ! ਸਦਾ ਹੀ ਪਰਮਾਤਮਾ ਦਾ ਧਿਆਨ ਧਰਨਾ ਚਾਹੀਦਾ ਹੈ, ਰਤਾ ਜਿਤਨੇ ਸਮੇ ਲਈ ਭੀ ਉਸ ਨੂੰ ਭੁਲਾਣਾ ਨਹੀਂ ਚਾਹੀਦਾ।
39592	925	ਰਾਮ ਰਾਮਾ ਰਾਮ ਰਮਾ ਕੰਠਿ ਉਰ ਧਾਰੀਐ॥		Raam Raamaa Raam Ramaa Kanth Our Dhhaareeai ||	Enshrine the Lord, Raam, Raam, Raam, Raam, within your heart and throat.	ਉਸ ਸੋਹਣੇ ਰਾਮ ਨੂੰ ਸਦਾ ਹੀ ਗਲ ਵਿਚ ਹਿਰਦੇ ਵਿਚ ਪ੍ਰੋ ਰੱਖਣਾ ਚਾਹੀਦਾ ਹੈ।
39593	925	ਉਰ ਧਾਰਿ ਹਰਿ ਹਰਿ ਪੁਰਖੁ ਪੂਰਨੁ ਪਾਰਬ੍ਰਹਮੁ ਨਿਰੰਜਨੋ॥		Our Dhhaar Har Har Purakh Pooran Paarabreham Niranjano ||	Enshrine within your heart the Primal Lord, Har, Har, the all-pervading, supreme, immaculate Lord God.	ਸਭ ਗੁਣਾਂ ਦੇ ਮਾਲਕ ਪਾਰਬ੍ਰਹਮ ਨਿਰਲੇਪ ਹਰੀ ਸਰਬ-ਵਿਆਪਕ ਹਰੀ ਨੂੰ ਸਦਾ ਆਪਣੇ ਹਿਰਦੇ ਵਿਚ ਪ੍ਰੋਈ ਰੱਖ।
39594	925	ਭੈ ਦੂਰਿ ਕਰਤਾ ਪਾਪ ਹਰਤਾ ਦੁਸਹ ਦੁਖ ਭਵ ਖੰਡਨੋ॥	(ਦੁਸਹ)ਕਠਨ, ਦੁ-ਸਹ	Bhai Dhoor Karathaa Paap Harathaa Dhuseh Dhukh Bhav Khanddano ||	He sends fear far away; He is the Destroyer of sin; He eradicates the unbearable pains of the terrifying world-ocean.	ਉਹ ਹਰੀ ਸਾਰੇ ਡਰਾਂ ਦਾ ਦੂਰ ਕਰਨ ਵਾਲਾ ਹੈ, ਸਾਰੇ ਪਾਪ ਨਾਸ ਕਰਨ ਵਾਲਾ ਹੈ, ਜਨਮ ਮਰਨ ਦੇ ਗੇੜ ਨੂੰ ਮੁਕਾਣ ਵਾਲਾ ਹੈ, ਉਹਨਾਂ ਦੁੱਖਾਂ ਦਾ ਨਾਸ ਕਰਨ ਵਾਲਾ ਹੈ ਜੋ ਬੜੀ ਔਖਿਆਈ ਨਾਲ ਸਹਾਰੇ ਜਾ ਸਕਦੇ ਹਨ।

39595	925	ਜਗਦੀਸ ਈਸ ਗੁੋਪਾਲ ਮਾਧੋ ਗੁਣ ਗੋਵਿੰਦ ਵੀਚਾਰੀਐ॥	ਜੱਗਦੀਸ, ਗੋ:ਹੋੜੇ ਔਂਕੜ ਵਿਚਾਲੇ ਬੋਲੋ	Jagadhees Ees Guopaal Maadhho Gun Govindh Veechaareeai ||	Contemplate the Lord of the World, the Cherisher of the World, the Lord, the Virtuous Lord of the Universe.	ਜਗਤ ਦੇ ਮਾਲਕ, ਸਭ ਦੇ ਮਾਲਕ, ਸ੍ਰਿਸ਼ਟੀ ਦੇ ਪਾਲਣਹਾਰ, ਮਾਇਆ ਦੇ ਪਤੀ ਪ੍ਰਭੂ ਦੇ ਗੁਣਾਂ ਨੂੰ ਸਦਾ ਚਿੱਤ ਵਿਚ ਵਸਾਈ ਰੱਖਣਾ ਚਾਹੀਦਾ ਹੈ;
39596	925	ਬਿਨਵੰਤਿ ਨਾਨਕ ਮਿਲਿ ਸੰਗਿ ਸਾਧੂ ਦਿਨਸੁ ਰੈਣਿ ਚਿਤਾਰੀਐ॥੧॥		Binavanth Naanak Mil Sang Saadhhoo Dhinas Rain Chithaareeai ||1||	Prays Nanak, joining the Saadh Sangat, the Company of the Holy, remember the Lord, day and night. ||1||	ਨਾਨਕ ਬੇਨਤੀ ਕਰਦਾ ਹੈ ਕਿ ਗੁਰੂ ਦੀ ਸੰਗਤ ਵਿਚ ਮਿਲ ਕੇ ਦਿਨ ਰਾਤ ਉਸ ਨੂੰ ਯਾਦ ਕਰਦੇ ਰਹਿਣਾ ਚਾਹੀਦਾ ਹੈ ॥੧॥
39597	925	ਚਰਨਕਮਲ ਆਧਾਰੁ ਜਨ ਕਾ ਆਸਰਾ॥		Charan Kamal Aadhhaar Jan Kaa Aasaraa ||	His lotus feet are the support and anchor of His humble servants.	ਪਰਮਾਤਮਾ ਦੇ ਸੋਹਣੇ ਚਰਨ ਹੀ ਭਗਤ ਜਨਾਂ ਵਾਸਤੇ ਜੀਵਨ ਦਾ ਸਹਾਰਾ ਹਨ ਆਸਰਾ ਹਨ।
39598	925	ਮਾਲੁ ਮਿਲਖ ਭੰਡਾਰ ਨਾਮੁ ਅਨੰਤ ਧਰਾ॥		Maal Milakh Bhanddaar Naam Ananth Dhharaa ||	He takes the Naam, the Name of the Infinite Lord, as his wealth, property and treasure.	ਬੇਅੰਤ ਪ੍ਰਭੂ ਦਾ ਨਾਮ ਹਿਰਦੇ ਵਿਚ ਟਿਕਾਣਾ ਹੀ ਭਗਤ ਜਨਾਂ ਵਾਸਤੇ ਧਨ-ਪਦਾਰਥ ਹੈ ਭੁਇਂ ਦੀ ਮਾਲਕੀ ਹੈ ਖ਼ਜ਼ਾਨਾ ਹੈ।
39599	925	ਨਾਮੁ ਨਰਹਰ ਨਿਧਾਨੁ ਜਿਨ ਕੈ ਰਸ ਭੋਗ ਏਕ ਨਰਾਇਣਾ॥		Naam Narehar Nidhhaan Jin Kai Ras Bhog Eaek Naraaeinaa ||	Those who have the treasure of the Lord's Name, enjoy the taste of the One Lord.	ਜਿਨ੍ਹਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ-ਖ਼ਜ਼ਾਨਾ ਵੱਸ ਰਿਹਾ ਹੈ, ਉਹਨਾਂ ਵਾਸਤੇ ਨਾਰਾਇਣ ਦਾ ਨਾਮ ਜਪਣਾ ਹੀ ਦੁਨੀਆ ਦੇ ਰਸਾਂ ਭੋਗਾਂ ਦਾ ਮਾਣਨਾ ਹੈ।

39600	925	ਰਸ ਰੂਪ ਰੰਗ ਅਨੰਤ ਬੀਠਲ ਸਾਸਿ ਸਾਸਿ ਧਿਆਇਣਾ॥		Ras Roop Rang Ananth Beethal Saas Saas Dhhiaaeinaa ||	They meditate on the Infinite Lord with each and every breath, as their pleasure, joy and beauty.	ਬੇਅੰਤ ਅਤੇ ਨਿਰਲੇਪ ਪ੍ਰਭੂ ਦਾ ਨਾਮ ਹਰੇਕ ਸਾਹ ਦੇ ਨਾਲ ਜਪਦੇ ਰਹਿਣਾ ਹੀ ਉਹਨਾਂ ਵਾਸਤੇ ਦੁਨੀਆ ਦੇ ਰੂਪ ਰਸ ਅਤੇ ਰੰਗ-ਤਮਾਸ਼ੇ ਹੈ।
39601	925	ਕਿਲਵਿਖ ਹਰਣਾ ਨਾਮ ਪੁਨਹਚਰਣਾ ਨਾਮੁ ਜਮ ਕੀ ਤ੍ਰਾਸ ਹਰਾ॥	ਪੁਨਹ-ਚਰਣਾ	Kilavikh Haranaa Naam Punehacharanaa Naam Jam Kee Thraas Haraa ||	The Naam, the Name of the Lord, is the Destroyer of sins, the only deed of redemption. The Naam drives out the fear of the Messenger of Death.	ਪਰਮਾਤਮਾ ਦਾ ਨਾਮ ਸਾਰੇ ਪਾਪ ਦੂਰ ਕਰਨ ਵਾਲਾ ਹੈ, ਪ੍ਰਭੂ ਦਾ ਨਾਮ ਹੀ ਭਗਤ ਜਨਾਂ ਲਈ ਪ੍ਰਾਸਚਿਤ ਕਰਮ ਹੈ, ਨਾਮ ਹੀ ਮੌਤ ਦਾ ਡਰ ਦੂਰ ਕਰਨ ਵਾਲਾ ਹੈ।
39602	925	ਬਿਨਵੰਤਿ ਨਾਨਕ ਰਾਸਿ ਜਨ ਕੀ ਚਰਨਕਮਲਹ ਆਸਰਾ॥੨॥		Binavanth Naanak Raas Jan Kee Charan Kamaleh Aasaraa ||2||	Prays Nanak, the support of His lotus feet is the capital of His humble servant. ||2||	ਨਾਨਕ ਬੇਨਤੀ ਕਰਦਾ ਹੈ ਕਿ ਪਰਮਾਤਮਾ ਦੇ ਸੋਹਣੇ ਚਰਨਾਂ ਦਾ ਆਸਰਾ ਹੀ ਭਗਤ ਜਨਾਂ ਵਾਸਤੇ (ਜ਼ਿੰਦਗੀ ਦਾ) ਸਰਮਾਇਆ ਹੈ ॥੨॥
39603	925	ਗੁਣ ਬੇਅੰਤ ਸੁਆਮੀ ਤੇਰੇ ਕੋਇ ਨ ਜਾਨਈ॥	ਜਾ-ਨਈ	Gun Baeanth Suaamee Thaerae Koe N Jaanee ||	Your Glorious Virtues are endless, O my Lord and Master; no one knows them all.	ਹੇ ਮੇਰੇ ਸੁਆਮੀ! ਤੇਰੇ ਗੁਣ ਬੇਅੰਤ ਹਨ, ਕੋਈ ਭੀ ਜੀਵ (ਤੇਰੇ ਗੁਣਾਂ ਦਾ ਅੰਤ) ਨਹੀਂ ਜਾਣਦਾ।

39604	925	ਦੇਖਿ ਚਲਤ ਦਇਆਲ ਸੁਨਿ ਭਗਤ ਵਖਾਨਈ॥	ਚੱਲ-ਤ। ਵਖਾ-ਨਈ	Dhaekh Chalath Dhaeiaal Sun Bhagath Vakhaanee ||	Seeing and hearing of Your wondrous plays, O Merciful Lord, Your devotees narrate them.	(ਜਿਹੜਾ ਭੀ ਕੋਈ ਮਨੁੱਖ ਤੇਰੇ ਕੁਝ ਗੁਣਾਂ ਦਾ ਬਿਆਨ ਕਰਦਾ ਹੈ, ਉਹ) ਤੈਂ ਦਇਆਲ ਦੇ ਕੌਤਕ ਵੇਖ ਕੇ (ਜਾਂ) ਭਗਤ ਜਨਾਂ ਪਾਸੋਂ ਸੁਣ ਕੇ (ਹੀ) ਬਿਆਨ ਕਰਦਾ ਹੈ।
39605	925	ਜੀਅ ਜੰਤ ਸਭਿ ਤੁਝੁ ਧਿਆਵਹਿ ਪੁਰਖ ਪਤਿ ਪਰਮੇਸਰਾ॥		Jeea Janth Sabh Thujh Dhhiaavehi Purakhapath Paramaesaraa ||	All beings and creatures meditate on You, O Primal Transcendent Lord, Master of men.	ਹੇ ਜੀਵਾਂ ਦੇ ਮਾਲਕ! ਹੇ ਪਰਮੇਸਰ! ਸਾਰੇ ਜੀਵ ਜੰਤ ਤੈਨੂੰ ਧਿਆਉਂਦੇ ਹਨ।
39606	925	ਸਰਬ ਜਾਚਿਕ ਏਕੁ ਦਾਤਾ ਕਰੁਣਾਮੈ ਜਗਦੀਸਰਾ॥	ਕਰੁਣਾ-ਮੈ। ਜੱਗਦੀਸਰਾ	Sarab Jaachik Eaek Dhaathaa Karunaa Mai Jagadheesaraa ||	All beings are beggars; You are the One Giver, O Lord of the Universe, Embodiment of mercy.	ਹੇ ਤਰਸ-ਰੂਪ ਪ੍ਰਭੂ! ਹੇ ਜਗਤ ਦੇ ਈਸ਼੍ਵਰ! ਤੂੰ ਇਕੱਲਾ ਦਾਤਾ ਹੈਂ, ਸਾਰੇ ਜੀਵ (ਤੇਰੇ ਦਰ ਦੇ) ਮੰਗਤੇ ਹਨ।
39607	925	ਸਾਧੂ ਸੰਤੁ ਸੁਜਾਣੁ ਸੋਈ ਜਿਸਹਿ ਪ੍ਰਭ ਜੀ ਮਾਨਈ॥	ਮਾ-ਨਈ	Saadhhoo Santh Sujaan Soee Jisehi Prabh Jee Maanee ||	He alone is holy, a Saint, a truly wise person, who is accepted by the Dear Lord.	ਜਿਸ ਮਨੁੱਖ ਨੂੰ ਪ੍ਰਭੂ ਆਪ ਆਦਰ ਬਖ਼ਸ਼ਦਾ ਹੈ ਉਹੀ ਸਾਧੂ ਹੈ ਉਹੀ ਸੁਜਾਨ ਸੰਤ ਹੈ।
39608	925	ਬਿਨਵੰਤਿ ਨਾਨਕ ਕਰਹੁ ਕਿਰਪਾ ਸੋਇ ਤੁਝਹਿ ਪਛਾਨਈ॥੩॥	ਪਛਾ-ਨਈ	Binavanth Naanak Karahu Kirapaa Soe Thujhehi Pashhaanee ||3||	Prays Nanak, they alone realize You, unto whom You show Mercy. ||3||	ਨਾਨਕ ਬੇਨਤੀ ਕਰਦਾ ਹੈ-ਹੇ ਪ੍ਰਭੂ! ਜਿਸ ਜੀਵ ਉਤੇ ਤੂੰ ਕਿਰਪਾ ਕਰਦਾ ਹੈਂ, ਉਹੀ ਤੈਨੂੰ ਪਛਾਣਦਾ ਹੈ (ਤੇਰੇ ਨਾਲ ਡੂੰਘੀ ਸਾਂਝ ਪਾਂਦਾ ਹੈ) ॥੩॥

39609	925	ਮੋਹਿ ਨਿਰਗੁਣ ਅਨਾਥੁ ਸਰਣੀ ਆਇਆ॥		Mohi Niragun Anaathh Saranee Aaeiaa ||	I am unworthy and without any master; I seek Your Sanctuary, Lord.	ਮੈਂ ਗੁਣ-ਹੀਨ ਸਾਂ, ਮੈਂ ਨਿਆਸਰਾ ਸਾਂ (ਗੁਰੂ ਦੀ ਕਿਰਪਾ ਨਾਲ ਮੈਂ ਪ੍ਰਭੂ ਦੀ) ਸਰਨ ਆ ਪਿਆ ਹਾਂ।
39610	925	ਬਲਿ ਬਲਿ ਬਲਿ ਗੁਰਦੇਵ ਜਿਨਿ ਨਾਮੁ ਦ੍ਰਿੜਾਇਆ॥		Bal Bal Bal Guradhaev Jin Naam Dhrirraaeiaa ||	I am a sacrifice, a sacrifice, a sacrifice to the Divine Guru, who has implanted the Naam within me.	(ਉਸ) ਗੁਰੂ ਤੋਂ ਸਦਕੇ ਜਾਂਦਾ ਹਾਂ ਬਲਿਹਾਰ ਜਾਂਦਾ ਹਾਂ ਕੁਰਬਾਨ ਜਾਂਦਾ ਹਾਂ, ਜਿਸ ਨੇ (ਮੇਰੇ ਹਿਰਦੇ ਵਿਚ ਪ੍ਰਭੂ ਦਾ) ਨਾਮ ਪੱਕਾ ਕਰ ਦਿੱਤਾ ਹੈ।
39611	925	ਗੁਰਿ ਨਾਮੁ ਦੀਆ ਕੁਸਲੁ ਥੀਆ ਸਰਬ ਇਛਾ ਪੁੰਨੀਆ॥	ਪੁੰਨੀਆਂ	Gur Naam Dheeaa Kusal Thheeaa Sarab Eishhaa Punneeaa ||	The Guru blessed me with the Naam; happiness came, and all my desires were fulfilled.	ਗੁਰੂ ਨੇ (ਜਿਸ ਕਿਸੇ ਨੂੰ ਭੀ ਪਰਮਾਤਮਾ ਦਾ) ਨਾਮ ਦਿੱਤਾ (ਉਸ ਦੇ ਅੰਦਰ) ਆਤਮਕ ਆਨੰਦ ਬਣ ਗਿਆ, (ਉਸ ਦੀਆਂ) ਸਾਰੀਆਂ ਮੁਰਾਦਾਂ ਪੂਰੀਆਂ ਹੋ ਗਈਆਂ;
39612	925	ਜਲਨੇ ਬੁਝਾਈ ਸਾਂਤਿ ਆਈ ਮਿਲੇ ਚਿਰੀ ਵਿਛੁੰਨਿਆ॥	ਬੁਝਾਈ:ਪੋਲਾ ਬੋਲੋ	Jalanae Bujhaaee Saanth Aaee Milae Chiree Vishhunniaa ||	The fire of desire has been quenched, and peace and tranquility have come; after such a long separation, I have met my Lord again.	(ਗੁਰੂ ਨੇ ਉਸ ਦੇ ਅੰਦਰੋਂ) ਸਾੜਾ ਮਿਟਾ ਦਿੱਤਾ, (ਉਸ ਦੇ ਅੰਦਰ) ਠੰਢ ਪੈ ਗਈ, ਉਹ (ਪ੍ਰਭੂ ਤੋਂ) ਚਿਰਾਂ ਦਾ ਵਿਛੁੜਿਆ ਹੋਇਆ (ਮੁੜ) ਮਿਲ ਪਿਆ।
39613	925	ਆਨੰਦ ਹਰਖ ਸਹਜ ਸਾਚੇ ਮਹਾ ਮੰਗਲ ਗੁਣ ਗਾਇਆ॥		Aanandh Harakh Sehaj Saachae Mehaa Mangal Gun Gaaeiaa ||	I have found ecstasy, pleasure and true intuitive poise, singing the great glories, the song of bliss of the Lord.	(ਜਿਸ ਨੇ ਭੀ ਗੁਰੂ ਦੀ ਸਰਨ ਪੈ ਕੇ) ਬੜਾ ਆਨੰਦ ਪੈਦਾ ਕਰਨ ਵਾਲੇ ਹਰਿ-ਗੁਣ ਗਾਣੇ ਸ਼ੁਰੂ ਕੀਤੇ, ਉਸ ਦੇ ਅੰਦਰ ਅਟੱਲ ਆਤਮਕ ਅਡੋਲਤਾ ਦੀਆਂ ਖ਼ੁਸ਼ੀਆਂ ਤੇ ਆਨੰਦ ਬਣ ਗਏ।

39614	925	ਬਿਨਵੰਤਿ ਨਾਨਕ ਨਾਮੁ ਪ੍ਰਭ ਕਾ ਗੁਰ ਪੂਰੇ ਤੇ ਪਾਇਆ॥੪॥੨॥		Binavanth Naanak Naam Prabh Kaa Gur Poorae Thae Paaeiaa ||4||2||	Prays Nanak, I have obtained the Name of God from the Perfect Guru. ||4||2||	ਨਾਨਕ ਬੇਨਤੀ ਕਰਦਾ ਹੈ- ਪਰਮਾਤਮਾ ਦਾ (ਅਜਿਹਾ) ਨਾਮ ਪੂਰੇ ਗੁਰੂ ਪਾਸੋਂ (ਹੀ) ਮਿਲਦਾ ਹੈ ॥੪॥੨॥
39615	925	ਰਾਮਕਲੀ ਮਹਲਾ ੫॥		Raamakalee Mehalaa 5 ||	Raamkalee, Fifth Mehl:	
39616	925	ਰੁਣ ਝੁਣੋ ਸਬਦੁ ਅਨਾਹਦੁ ਨਿਤ ਉਠਿ ਗਾਈਐ ਸੰਤਨ ਕੈ॥		Run Jhuno Sabadh Anaahadh Nith Outh Gaaeeai Santhan Kai ||	Rise early each morning, and with the Saints, sing the melodious harmony, the unstruck sound current of the Shabad.	ਨਿੱਤ ਆਹਰ ਨਾਲ ਸਾਧ ਸੰਗਤ ਵਿਚ ਜਾ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਮਿਠੀ ਮਿਠੀ ਸੁਰ ਵਾਲੀ ਬਾਣੀ ਇਕ-ਰਸ ਗਾਵਣੀ ਚਾਹੀਦੀ ਹੈ।
39617	925	ਕਿਲਵਿਖ ਸਭਿ ਦੋਖ ਬਿਨਾਸਨੁ ਹਰਿ ਨਾਮੁ ਜਪੀਐ ਗੁਰ ਮੰਤਨ ਕੈ॥		Kilavikh Sabh Dhokh Binaasan Har Naam Japeeai Gur Manthan Kai ||	All sins and sufferings are erased chanting the Lord's Name, under Guru's Instructions.	ਪਰਮਾਤਮਾ ਦਾ ਨਾਮ ਸਾਰੇ ਪਾਪਾਂ ਤੇ ਐਬਾਂ ਦਾ ਨਾਸ ਕਰਨ ਵਾਲਾ ਹੈ, ਇਹ ਹਰਿ-ਨਾਮ ਗੁਰੂ ਦੀ ਸਿੱਖਿਆ ਉਤੇ ਤੁਰ ਕੇ ਜਪਣਾ ਚਾਹੀਦਾ ਹੈ।
39618	925	ਹਰਿ ਨਾਮੁ ਲੀਜੈ ਅਮਿਉ ਪੀਜੈ ਰੈਣਿ ਦਿਨਸੁ ਅਰਾਧੀਐ॥		Har Naam Leejai Amio Peejai Rain Dhinas Araadhheeai ||	Dwell upon the Lord's Name, and drink in the Nectar; day and night, worship and adore Him.	ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ, ਆਤਮਕ ਜੀਵਨ ਦੇਣ ਵਾਲਾ ਹਰਿ ਨਾਮ-ਜਲ ਪੀਣਾ ਚਾਹੀਦਾ ਹੈ, ਦਿਨ ਰਾਤ ਪਰਮਾਤਮਾ ਦਾ ਆਰਾਧਨ ਕਰਨਾ ਚਾਹੀਦਾ ਹੈ।

39619	925	ਜੋਗ ਦਾਨ ਅਨੇਕ ਕਿਰਿਆ ਲਗਿ ਚਰਣਕਮਲਹ ਸਾਧੀਐ॥		Jog Dhaan Anaek Kiriaa Lag Charan Kamaleh Saadhheeai ||	The merits of Yoga, charity and religious rituals are obtained by grasping His lotus feet.	ਪ੍ਰਭੂ ਦੇ ਸੋਹਣੇ ਚਰਨਾਂ ਵਿਚ ਜੁੜ ਕੇ (ਮਾਨੇ) ਅਨੇਕਾਂ ਜੋਗ-ਸਾਧਨਾਂ ਦਾ ਅਨੇਕਾਂ ਦਾਨ-ਪੁੰਨਾਂ ਦਾ ਅਨੇਕਾਂ ਅਜਿਹੀਆਂ ਹੋਰ ਕਿਰਿਆਵਾਂ ਦਾ ਸਾਧਨ ਹੋ ਜਾਂਦਾ ਹੈ।
39620	925	ਭਾਉ ਭਗਤਿ ਦਇਆਲ ਮੋਹਨ ਦੂਖ ਸਗਲੇ ਪਰਹਰੈ॥		Bhaao Bhagath Dhaeiaal Mohan Dhookh Sagalae Pareharai ||	Loving devotion to the merciful, enticing Lord takes away all pain.	ਦਇਆ ਦੇ ਸੋਮੇ ਮੋਹਨ-ਪ੍ਰਭੂ ਦਾ ਪਿਆਰ ਪ੍ਰਭੂ ਦੀ ਭਗਤੀ ਸਾਰੇ ਦੁੱਖ ਦੂਰ ਕਰ ਦੇਂਦੀ ਹੈ।
39621	925	ਬਿਨਵੰਤਿ ਨਾਨਕ ਤਰੈ ਸਾਗਰੁ ਧਿਆਇ ਸੁਆਮੀ ਨਰਹਰੈ॥੧॥		Binavanth Naanak Tharai Saagar Dhhiaae Suaamee Nareharai ||1||	Prays Nanak, cross over the world-ocean, meditating on the Lord, your Lord and Master. ||1||	ਨਾਨਕ ਆਖਦਾ ਹੈ ਕਿ ਮਾਲਕ-ਪ੍ਰਭੂ ਨੂੰ ਸਿਮਰ ਕੇ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੧॥
39622	925	ਸੁਖਸਾਗਰ ਗੋਬਿੰਦ ਸਿਮਰਣੁ ਭਗਤ ਗਾਵਹਿ ਗੁਣ ਤੇਰੇ ਰਾਮ॥		Sukh Saagar Gobindh Simaran Bhagath Gaavehi Gun Thaerae Raam ||	Meditation on the Lord of the Universe is an ocean of peace; Your devotees sing Your Glorious Praises, Lord.	ਹੇ ਸੁਖਾਂ ਦੇ ਸਮੁੰਦਰ ਗੋਬਿੰਦ! (ਤੇਰੇ) ਭਗਤ (ਤੇਰਾ) ਸਿਮਰਨ (ਕਰਦੇ ਹਨ), ਤੇਰੇ ਗੁਣ ਗਾਂਦੇ ਹਨ;

39623	925	ਅਨਦ ਮੰਗਲ ਗੁਰ ਚਰਣੀ ਲਾਗੇ ਪਾਏ ਸੂਖ ਘਨੇਰੇ ਰਾਮ॥		Anadh Mangal Gur Charanee Laagae Paaeae Sookh Ghanaerae Raam ||	Ecstasy, bliss and great happiness are obtained by grasping hold of the Guru's feet.	ਗੁਰੂ ਦੀ ਚਰਨੀਂ ਲੱਗ ਕੇ ਉਹਨਾਂ ਨੂੰ ਅਨੇਕਾਂ ਆਨੰਦ ਖ਼ੁਸ਼ੀਆਂ ਤੇ ਸੁਖ ਪ੍ਰਾਪਤ ਹੋ ਜਾਂਦੇ ਹਨ।
39624	925	ਸੁਖ ਨਿਧਾਨੁ ਮਿਲਿਆ ਦੂਖ ਹਰਿਆ ਕ੍ਰਿਪਾ ਕਰਿ ਪ੍ਰਭਿ ਰਾਖਿਆ॥		Sukh Nidhhaan Miliaa Dhookh Hariaa Kirapaa Kar Prabh Raakhiaa ||	Meeting with the treasure of peace, their pains are taken away; granting His Grace, God protects them.	(ਜਿਸ ਨੂੰ ਗੁਰੂ ਮਿਲ ਪੈਂਦਾ ਹੈ ਉਸ ਨੂੰ) ਸੁਖਾਂ ਦਾ ਖ਼ਜ਼ਾਨਾ ਹਰਿ-ਨਾਮ ਮਿਲ ਜਾਂਦਾ ਹੈ। ਪ੍ਰਭੂ ਨੇ ਕਿਰਪਾ ਕਰ ਕੇ ਜਿਸ ਮਨੁੱਖ ਦੀ (ਦੁੱਖ ਆਦਿਕਾਂ ਤੋਂ) ਰੱਖਿਆ ਕੀਤੀ, ਉਸ ਦੇ ਸਾਰੇ ਦੁੱਖ ਨਿਵਿਰਤ ਹੋ ਗਏ।
39625	925	ਹਰਿ ਚਰਣ ਲਾਗਾ ਭ੍ਰਮੁ ਭਉ ਭਾਗਾ ਹਰਿ ਨਾਮੁ ਰਸਨਾ ਭਾਖਿਆ॥		Har Charan Laagaa Bhram Bho Bhaagaa Har Naam Rasanaa Bhaakhiaa ||	Those who grasp the Lord's feet - their fears and doubts run away, and they chant the Name of the Lord.	ਜਿਹੜਾ ਮਨੁੱਖ ਪਰਮਾਤਮਾ ਦੇ ਚਰਨਾਂ ਵਿਚ ਜੁੜ ਗਿਆ, ਜਿਸ ਨੇ ਪਰਮਾਤਮਾ ਦਾ ਨਾਮ ਆਪਣੀ ਜੀਭ ਨਾਲ ਉਚਾਰਨਾ ਸ਼ੁਰੂ ਕਰ ਦਿੱਤਾ, ਉਸ ਦਾ ਹਰੇਕ ਕਿਸਮ ਦਾ ਭਰਮ-ਵਹਿਮ ਤੇ ਡਰ ਦੂਰ ਹੋ ਗਿਆ।
39626	925	ਹਰਿ ਏਕੁ ਚਿਤਵੈ ਪ੍ਰਭੁ ਏਕੁ ਗਾਵੈ ਹਰਿ ਏਕੁ ਦ੍ਰਿਸਟੀ ਆਇਆ॥		Har Eaek Chithavai Prabh Eaek Gaavai Har Eaek Dhrisattee Aaeiaa ||	He thinks of the One Lord, and he sings of the One God; he gazes upon the One Lord alone.	ਉਹ ਮਨੁੱਖ (ਫਿਰ) ਇਕ ਪਰਮਾਤਮਾ ਨੂੰ ਹੀ ਚੇਤੇ ਕਰਦਾ ਰਹਿੰਦਾ ਹੈ ਇਕ ਪਰਮਾਤਮਾ (ਦੇ ਗੁਣਾਂ) ਨੂੰ ਹੀ ਗਾਂਦਾ ਰਹਿੰਦਾ ਹੈ, ਇਕ ਪਰਮਾਤਮਾ ਹੀ ਉਸ ਨੂੰ ਹਰ ਥਾਂ ਵੱਸਦਾ ਨਜ਼ਰ ਆਉਂਦਾ ਹੈ।

39627	926	ਬਿਨਵੰਤਿ ਨਾਨਕ ਪ੍ਰਭਿ ਕਰੀ ਕਿਰਪਾ ਪੂਰਾ ਸਤਿਗੁਰੁ ਪਾਇਆ॥੨॥	ਬਿਨਵੰਤਿ	Binavanth Naanak Prabh Karee Kirapaa Pooraa Sathigur Paaeiaa ||2||	Prays Nanak, God has granted His Grace, and I have found the Perfect True Guru. ||2||	ਨਾਨਕ ਬੇਨਤੀ ਕਰਦਾ ਹੈ ਕਿ ਜਿਸ ਮਨੁੱਖ ਉਤੇ ਪ੍ਰਭੂ ਨੇ ਕਿਰਪਾ ਕੀਤੀ, ਉਸ ਨੂੰ ਪੂਰਾ ਗੁਰੂ ਮਿਲ ਪਿਆ ॥੨॥
39628	926	ਮਿਲਿ ਰਹੀਐ ਪ੍ਰਭ ਸਾਧ ਜਨਾ ਮਿਲਿ ਹਰਿ ਕੀਰਤਨੁ ਸੁਨੀਐ ਰਾਮ॥		Mil Reheeai Prabh Saadhh Janaa Mil Har Keerathan Suneeai Raam ||	Meet with the holy, humble servants of God; meeting with the Lord, listen to the Kirtan of His Praises.	ਪ੍ਰਭੂ ਦੇ ਭਗਤਾਂ ਦੀ ਸੰਗਤ ਵਿਚ ਮਿਲ ਕੇ ਰਹਿਣਾ ਚਾਹੀਦਾ ਹੈ, ਭਗਤ-ਜਨਾਂ ਨੂੰ ਮਿਲ ਕੇ ਪਰਮਾਤਮਾ ਦਾ ਕੀਰਤਨ ਸੁਣਨਾ ਚਾਹੀਦਾ ਹੈ।
39629	926	ਦਇਆਲ ਪ੍ਰਭੂ ਦਾਮੋਦਰ ਮਾਧੋ ਅੰਤੁ ਨ ਪਾਈਐ ਗੁਨੀਐ ਰਾਮ॥		Dhaeiaal Prabhoo Dhaamodhar Maadhho Anth N Paaeeai Guneeai Raam ||	God is the Merciful Master, the Lord of wealth; there is no end to His Virtues.	ਦਇਆ ਦੇ ਸੋਮੇ ਦਾਮੋਦਰ ਮਾਇਆ ਦੇ ਪਤੀ ਪ੍ਰਭੂ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ।
39630	926	ਦਇਆਲ ਦੁਖ ਹਰ ਸਰਣਿ ਦਾਤਾ ਸਗਲ ਦੋਖ ਨਿਵਾਰਣੋ॥		Dhaeiaal Dhukh Har Saran Dhaathaa Sagal Dhokh Nivaarano ||	The Merciful Lord is the Dispeller of pain, the Giver of Sanctuary, the Eradicator of all evil.	ਪ੍ਰਭੂ ਦਇਆ ਦਾ ਸੋਮਾ ਹੈ, ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਸਰਨ-ਜੋਗ ਹੈ, ਸਭ ਨੂੰ ਦਾਤਾਂ ਦੇਣ ਵਾਲਾ ਹੈ, ਸਾਰੇ ਪਾਪਾਂ ਦਾ ਨਾਸ ਕਰਨ ਵਾਲਾ ਹੈ।

39631	926	ਮੋਹ ਸੋਗ ਵਿਕਾਰ ਬਿਖੜੇ ਜਪਤ ਨਾਮ ਉਧਾਰਣੋ॥		Moh Sog Vikaar Bikharrae Japath Naam Oudhhaarano ||	Emotional attachment, sorrow, corruption and pain - chanting the Naam, the Name of the Lord, one is saved from these.	ਨਾਮ ਜਪਣ ਵਾਲਿਆਂ ਨੂੰ ਉਹ ਪ੍ਰਭੂ ਮੋਹ ਸੋਗ ਅਤੇ ਔਖੇ ਵਿਕਾਰਾਂ ਤੋਂ ਬਚਾਣ ਵਾਲਾ ਹੈ।
39632	926	ਸਭਿ ਜੀਅ ਤੇਰੇ ਪ੍ਰਭੂ ਮੇਰੇ ਕਰਿ ਕਿਰਪਾ ਸਭ ਰੇਣ ਥੀਵਾ॥		Sabh Jeea Thaerae Prabhoo Maerae Kar Kirapaa Sabh Raen Thheevaa ||	All beings are Yours, O my God; bless me with Your Mercy, that I may become the dust under the feet of all men.	ਹੇ ਮੇਰੇ ਪ੍ਰਭੂ! ਸਾਰੇ ਜੀਵ ਤੇਰੇ (ਪੈਦਾ ਕੀਤੇ ਹੋਏ ਹਨ), ਮਿਹਰ ਕਰ, ਮੈਂ ਸਭਨਾਂ ਦੇ ਚਰਨਾਂ ਦੀ ਧੂੜ ਬਣਿਆ ਰਹਾਂ।
39633	926	ਬਿਨਵੰਤਿ ਨਾਨਕ ਪ੍ਰਭ ਮਇਆ ਕੀਜੈ ਨਾਮੁ ਤੇਰਾ ਜਪਿ ਜੀਵਾ॥੩॥		Binavanth Naanak Prabh Maeiaa Keejai Naam Thaeraa Jap Jeevaa ||3||	Prays Nanak, O God, be kind to me, that I may chant Your Name, and live. ||3||	ਨਾਨਕ ਬੇਨਤੀ ਕਰਦਾ ਹੈ-ਹੇ ਪ੍ਰਭੂ! ਦਇਆ ਕਰ, ਮੈਂ ਤੇਰਾ ਨਾਮ ਜਪ ਜਪ ਕੇ ਆਤਮਕ ਜੀਵਨ ਹਾਸਲ ਕਰਦਾ ਰਹਾਂ ॥੩॥
39634	926	ਰਾਖਿ ਲੀਏ ਪ੍ਰਭਿ ਭਗਤ ਜਨਾ ਅਪਣੀ ਚਰਣੀ ਲਾਏ ਰਾਮ॥		Raakh Leeeae Prabh Bhagath Janaa Apanee Charanee Laaeae Raam ||	God saves His humble devotees, attaching them to His feet.	(ਸਦਾ ਤੋਂ ਹੀ) ਪ੍ਰਭੂ ਨੇ ਆਪਣੇ ਚਰਨਾਂ ਵਿਚ ਜੋੜ ਕੇ ਆਪਣੇ ਭਗਤਾਂ ਦੀ ਰੱਖਿਆ ਕੀਤੀ ਹੈ।

39635	926	ਆਠ ਪਹਰ ਅਪਨਾ ਪ੍ਰਭੁ ਸਿਮਰਹ ਏਕੋ ਨਾਮੁ ਧਿਆਏ ਰਾਮ॥		Aath Pehar Apanaa Prabh Simareh Eaeko Naam Dhhiaaeae Raam ||	Twenty-four hours a day, they meditate in remembrance on their God; they meditae on the One Name.	ਸੋ, ਇਕ ਹਰਿ-ਨਾਮ ਦਾ ਧਿਆਨ ਧਰ ਕੇ, ਆਓ, ਅਸੀਂ ਭੀ ਅੱਠੇ ਪਹਰ ਆਪਣੇ ਪ੍ਰਭੂ ਨੂੰ ਸਿਮਰਦੇ ਰਹੀਏ।
39636	926	ਧਿਆਇ ਸੋ ਪ੍ਰਭੁ ਤਰੇ ਭਵਜਲ ਰਹੇ ਆਵਣ ਜਾਣਾ॥		Dhhiaae So Prabh Tharae Bhavajal Rehae Aavan Jaanaa ||	Meditating on that God, they cross over the terrifying world-ocean, and their comings and goings cease.	(ਅਨੇਕਾਂ ਜੀਵ) ਉਸ ਪ੍ਰਭੂ ਦਾ ਧਿਆਨ ਧਰ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ, (ਉਹਨਾਂ ਦੇ) ਜਨਮ ਮਰਨ (ਦੇ ਗੇੜ) ਮੁੱਕ ਗਏ।
39637	926	ਸਦਾ ਸੁਖੁ ਕਲਿਆਣ ਕੀਰਤਨੁ ਪ੍ਰਭ ਲਗਾ ਮੀਠਾ ਭਾਣਾ॥		Sadhaa Sukh Kaliaan Keerathan Prabh Lagaa Meethaa Bhaanaa ||	They enjoy eternal peace and pleasure, singing the Kirtan of God's Praises; His Will seems so sweet to them.	ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਿਆਂ ਉਹਨਾਂ ਦੇ ਅੰਦਰ ਸਦਾ ਸੁਖ-ਆਨੰਦ ਬਣਿਆ ਰਿਹਾ, ਉਹਨਾਂ ਨੂੰ ਪ੍ਰਭੂ ਦੀ ਰਜ਼ਾ ਮਿੱਠੀ ਲੱਗਣ ਲੱਗ ਪਈ।
39638	926	ਸਭ ਇਛ ਪੁੰਨੀ ਆਸ ਪੂਰੀ ਮਿਲੇ ਸਤਿਗੁਰ ਪੂਰਿਆ॥		Sabh Eishh Punnee Aas Pooree Milae Sathigur Pooriaa ||	All my desires are fulfilled, meeting with the Perfect True Guru.	ਜਿਹੜੇ ਮਨੁੱਖ ਪੂਰੇ ਗੁਰੂ ਨੂੰ ਮਿਲ ਪਏ, ਉਹਨਾਂ ਦੀ ਹਰੇਕ ਮੁਰਾਦ ਪੂਰੀ ਹੋ ਗਈ, ਉਹਨਾਂ ਦੀ ਹਰੇਕ ਆਸ ਪੂਰੀ ਹੋ ਗਈ।

39639	926	ਬਿਨਵੰਤਿ ਨਾਨਕ ਪ੍ਰਭਿ ਆਪਿ ਮੇਲੇ ਫਿਰਿ ਨਾਹੀ ਦੂਖ ਵਿਸੂਰਿਆ॥੪॥੩॥		Binavanth Naanak Prabh Aap Maelae Fir Naahee Dhookh Visooriaa ||4||3||	Prays Nanak, God has blended me with Himself; I shall never suffer pain or sorrow again. ||4||3||	ਨਾਨਕ ਬੇਨਤੀ ਕਰਦਾ ਹੈ ਕਿ ਜਿਨ੍ਹਾਂ ਨੂੰ ਪ੍ਰਭੂ ਨੇ ਆਪ (ਆਪਣੇ ਚਰਨਾਂ ਵਿਚ) ਮਿਲਾ ਲਿਆ, ਉਹਨਾਂ ਨੂੰ ਕੋਈ ਦੁੱਖ ਕੋਈ ਝੋਰੇ ਮੁੜ ਨਹੀਂ ਵਿਆਪਦੇ ॥੪॥੩॥
39640	926	ਰਾਮਕਲੀ ਮਹਲਾ ੫ ਛੰਤ॥		Raamakalee Mehalaa 5 Shhanth ||	Raamkalee, Fifth Mehl, Chhant.	
39641	926	ਸਲੋਕੁ॥		Salok ||	Shalok:	ਸਲੋਕੁ।
39642	926	ਚਰਨਕਮਲ ਸਰਣਾਗਤੀ ਅਨਦ ਮੰਗਲ ਗੁਣ ਗਾਮ॥	ਸਰ-ਣਾਗਤੀ	Charan Kamal Saranaagathee Anadh Mangal Gun Gaam ||	In the Sanctuary of His lotus feet, I sing His Glorious Praises in ecstasy and bliss.	(ਜਿਹੜੇ ਮਨੁੱਖ ਗੁਰੂ ਦੇ) ਸੋਹਣੇ ਚਰਨਾਂ ਦੀ ਸਰਨ ਆ ਕੇ (ਪਰਮਾਤਮਾ ਦੇ) ਗੁਣ ਗਾਂਦੇ ਹਨ, (ਉਹਨਾਂ ਦੇ ਹਿਰਦੇ ਵਿਚ ਸਦਾ) ਆਨੰਦ ਸੁਖ ਬਣੇ ਰਹਿੰਦੇ ਹਨ।
39643	926	ਨਾਨਕ ਪ੍ਰਭੁ ਆਰਾਧੀਐ ਬਿਪਤਿ ਨਿਵਾਰਣ ਰਾਮ॥੧॥		Naanak Prabh Aaraadhheeai Bipath Nivaaran Raam ||1||	O Nanak, worship God in adoration, the Eradicator of misfortune. ||1||	ਹੇ ਨਾਨਕ! (ਆਖ ਕਿ ਪਰਮਾਤਮਾ ਦਾ ਆਰਾਧਨ ਕਰਨਾ ਚਾਹੀਦਾ ਹੈ, ਪਰਮਾਤਮਾ (ਹਰੇਕ) ਬਿਪਤਾ ਦੂਰ ਕਰਨ ਵਾਲਾ ਹੈ ॥੧॥
39644	926	ਛੰਤੁ॥		Shhanth ||	Chhant:	ਛੰਤ।

39645	926	ਪ੍ਰਭ ਬਿਪਤਿ ਨਿਵਾਰਣੋ ਤਿਸੁ ਬਿਨੁ ਅਵਰੁ ਨ ਕੋਇ ਜੀਉ॥		Prabh Bipath Nivaarano This Bin Avar N Koe Jeeo ||	God is the Eradicator of misfortune; there is none other than Him.	ਪਰਮਾਤਮਾ ਹੀ (ਜੀਵਾਂ ਦੀ ਹਰੇਕ) ਬਿਪਤਾ ਦੂਰ ਕਰਨ ਵਾਲਾ ਹੈ, ਉਸ ਤੋਂ ਬਿਨਾ ਹੋਰ ਕੋਈ (ਇਹੋ ਜਿਹੀ ਸਮਰਥਾ ਵਾਲਾ) ਨਹੀਂ ਹੈ।
39646	926	ਸਦਾ ਸਦਾ ਹਰਿ ਸਿਮਰੀਐ ਜਲਿ ਥਲਿ ਮਹੀਅਲਿ ਸੋਇ ਜੀਉ॥		Sadhaa Sadhaa Har Simareeai Jal Thhal Meheeal Soe Jeeo ||	Forever and ever, remember the Lord in meditation; He is permeating the water, the land and the sky.	ਸਦਾ ਹੀ ਸਦਾ ਹੀ ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ; ਜਲ ਵਿਚ, ਧਰਤੀ ਵਿਚ, ਆਕਾਸ਼ ਵਿਚ (ਹਰ ਥਾਂ) ਉਹ ਪਰਮਾਤਮਾ ਹੀ ਮੌਜੂਦ ਹੈ।
39647	926	ਜਲਿ ਥਲਿ ਮਹੀਅਲਿ ਪੂਰਿ ਰਹਿਆ ਇਕ ਨਿਮਖ ਮਨਹੁ ਨ ਵੀਸਰੈ॥		Jal Thhal Meheeal Poor Rehiaa Eik Nimakh Manahu N Veesarai ||	He is permeating and pervading the water, the land and the sky; do not forget Him from your mind, even for an instant.	ਉਹ ਪਰਮਾਤਮਾ ਜਲ ਵਿਚ ਧਰਤੀ ਵਿਚ ਪੁਲਾੜ ਵਿਚ (ਹਰ ਥਾਂ) ਵਿਆਪਕ ਹੈ ਅੱਖ ਦੇ ਝਮਕਣ ਜਿਤਨੇ ਸਮੇਂ ਵਾਸਤੇ ਭੀ ਉਹ ਪ੍ਰਭੂ ਸਾਡੇ ਮਨ ਤੋਂ ਭੁੱਲਣਾ ਨਹੀਂ ਚਾਹੀਦਾ।
39648	926	ਗੁਰ ਚਰਨ ਲਾਗੇ ਦਿਨ ਸਭਾਗੇ ਸਰਬ ਗੁਣ ਜਗਦੀਸਰੈ॥	ਜੱਗਦੀਸਰੈ	Gur Charan Laagae Dhin Sabhaagae Sarab Gun Jagadheesarai ||	Blessed was that day, when I grasped the Guru's feet; all virtues rest in the Lord of the Universe.	ਉਹ ਦਿਨ ਭਾਗਾਂ ਵਾਲੇ (ਸਮਝੋ, ਜਦੋਂ ਸਾਡਾ ਮਨ) ਗੁਰੂ ਦੇ ਚਰਨਾਂ ਵਿਚ ਜੁੜਿਆ ਰਹੇ, (ਪਰ ਇਹ ਸਾਡੇ ਆਪਣੇ ਵੱਸ ਦੀ ਗੱਲ ਨਹੀਂ, ਇਹ ਤਦੋਂ ਹੀ ਹੁੰਦਾ ਹੈ ਜਦੋਂ) ਉਸ ਜਗਤ ਦੇ ਮਾਲਕ ਪ੍ਰਭੂ ਦੀ ਮਿਹਰ (ਹੋਵੇ)।

39649	926	ਕਰਿ ਸੇਵ ਸੇਵਕ ਦਿਨਸੁ ਰੈਣੀ ਤਿਸੁ ਭਾਵੈ ਸੋ ਹੋਇ ਜੀਉ॥		Kar Saev Saevak Dhinas Rainee This Bhaavai So Hoe Jeeo ||	So serve Him day and night, O servant; whatever pleases Him, happens.	ਦਿਨ ਰਾਤ ਸੇਵਕਾਂ ਵਾਂਗ ਉਸ ਪ੍ਰਭੂ ਦੀ ਸੇਵਾ-ਭਗਤੀ ਕਰਿਆ ਕਰ; ਜੋ ਕੁਝ ਉਸ ਨੂੰ ਭਾਉਂਦਾ ਹੈ ਉਹੀ (ਜਗਤ ਵਿਚ) ਹੋ ਰਿਹਾ ਹੈ।
39650	926	ਬਲਿ ਜਾਇ ਨਾਨਕੁ ਸੁਖਹ ਦਾਤੇ ਪਰਗਾਸੁ ਮਨਿ ਤਨਿ ਹੋਇ ਜੀਉ॥੧॥		Bal Jaae Naanak Sukheh Dhaathae Paragaas Man Than Hoe Jeeo ||1||	Nanak is a sacrifice to the Giver of peace; his mind and body are enlightened. ||1||	ਨਾਨਕ ਤਾਂ ਉਸ ਸੁਖ-ਦਾਤੇ ਪ੍ਰਭੂ ਤੋਂ ਸਦਕੇ ਜਾਂਦਾ ਹੈ, (ਉਸ ਦੀ ਮਿਹਰ ਨਾਲ ਹੀ ਸਾਡੇ) ਮਨ ਵਿਚ ਤਨ ਵਿਚ (ਸਹੀ ਆਤਮਕ ਜੀਵਨ ਦਾ) ਚਾਨਣ ਹੋ ਸਕਦਾ ਹੈ ॥੧॥
39651	926	ਸਲੋਕੁ॥		Salok ||	Shalok:	
39652	926	ਹਰਿ ਸਿਮਰਤ ਮਨੁ ਤਨੁ ਸੁਖੀ ਬਿਨਸੀ ਦੁਤੀਆ ਸੋਚ॥		Har Simarath Man Than Sukhee Binasee Dhutheeaa Soch ||	Meditating in remembrance on the Lord, the mind and body find peace; the thought of duality is dispelled.	ਪਰਮਾਤਮਾ ਦਾ ਨਾਮ ਸਿਮਰਦਿਆਂ ਉਸ ਮਨੁੱਖ ਦਾ ਮਨ ਸੁਖੀ ਹੋ ਗਿਆ ਉਸ ਦਾ ਤਨ ਸੁਖੀ ਹੋ ਗਿਆ (ਪ੍ਰਭੂ ਦੀ ਯਾਦ ਤੋਂ ਬਿਨਾ ਉਸ ਦਾ) ਹੋਰ ਹੋਰ ਸਭ ਚਿੰਤਾ-ਫ਼ਿਕਰ ਦੂਰ ਹੋ ਗਿਆ,
39653	926	ਨਾਨਕ ਟੇਕ ਗੋਪਾਲ ਕੀ ਗੋਵਿੰਦ ਸੰਕਟ ਮੋਚ॥੧॥	ਗੋ:ਹੋੜੇ ਔਂਕੜ ਵਿਚਾਲੇ ਬੋਲੋ	Naanak Ttaek Guopaal Kee Govindh Sankatt Moch ||1||	Nanak takes the support of the Lord of the World, the Lord of the Universe, the Destroyer of troubles. ||1||	ਹੇ ਨਾਨਕ! ਜਿਸ ਮਨੁੱਖ ਨੇ ਸਾਰੇ ਸੰਕਟ ਦੂਰ ਕਰਨ ਵਾਲੇ ਗੋਬਿੰਦ ਗੋਪਾਲ ਦਾ ਆਸਰਾ ਲਿਆ ॥੧॥
39654	926	ਛੰਤੁ॥		Shhanth ||	Chhant:	ਛੰਤੁ।

39655	926	ਭੈ ਸੰਕਟ ਕਾਟੇ ਨਾਰਾਇਣ ਦਇਆਲ ਜੀਉ॥		Bhai Sankatt Kaattae Naaraaein Dhaeiaal Jeeo ||	The Merciful Lord has eradicated my fears and troubles.	ਦਇਆ ਦੇ ਸੋਮੇ ਨਾਰਾਇਣ ਨੇ ਉਸ ਮਨੁੱਖ ਦੇ ਸਾਰੇ ਡਰ ਤੇ ਦੁੱਖ-ਕਲੇਸ਼ ਕੱਟ ਦਿੱਤੇ,
39656	926	ਹਰਿ ਗੁਣ ਆਨੰਦ ਗਾਏ ਪ੍ਰਭ ਦੀਨਾ ਨਾਥ ਪ੍ਰਤਿਪਾਲ ਜੀਉ॥		Har Gun Aanandh Gaaeae Prabh Dheenaa Naathh Prathipaal Jeeo ||	In ecstasy, I sing the Glorious Praises of the Lord; God is the Cherisher, the Master of the meek.	ਜਿਸ ਮਨੁੱਖ ਨੇ ਦੀਨਾਂ ਦੇ ਨਾਥ ਪਾਲਣਹਾਰ ਹਰੀ ਪ੍ਰਭੂ ਦੇ ਗੁਣ ਗਾਣੇ ਸ਼ੁਰੂ ਕੀਤੇ।
39657	926	ਪ੍ਰਤਿਪਾਲ ਅਚੁਤ ਪੁਰਖੁ ਏਕੋ ਤਿਸਹਿ ਸਿਉ ਰੰਗੁ ਲਾਗਾ॥	ਅ-ਚੁੱਤ	Prathipaal Achuth Purakh Eaeko Thisehi Sio Rang Laagaa ||	The Cherishing Lord is imperishable, the One and only Primal Lord; I am imbued with His Love.	ਸਭ ਨੂੰ ਪਾਲਣ ਵਾਲਾ ਅਬਿਨਾਸ਼ੀ ਸਿਰਫ਼ ਅਕਾਲ ਪੁਰਖ ਹੀ ਹੈ, ਜਿਸ ਮਨੁੱਖ ਦਾ ਪਿਆਰ ਉਸ ਨਾਲ ਬਣ ਗਿਆ,
39658	926	ਕਰ ਚਰਨ ਮਸਤਕੁ ਮੇਲਿ ਲੀਨੇ ਸਦਾ ਅਨ ਦਿਨੁ ਜਾਗਾ॥		Kar Charan Masathak Mael Leenae Sadhaa Anadhin Jaagaa ||	When I placed my hands and forehead upon His Feet, He blended me with Himself; I became awake and aware forever, night and day.	ਜਿਸ ਨੇ ਆਪਣੇ ਹੱਥ ਆਪਣਾ ਮੱਥਾ ਉਸ ਦੇ ਚਰਨਾਂ ਉੱਤੇ ਰੱਖ ਦਿੱਤਾ, ਪ੍ਰਭੂ ਨੇ ਉਸ ਨੂੰ ਆਪਣੇ ਨਾਲ ਜੋੜ ਲਿਆ, (ਮਾਇਆ ਦੇ ਹੱਲਿਆਂ ਵਲੋਂ ਉਹ) ਸਦਾ ਹਰ ਵੇਲੇ ਸੁਚੇਤ ਰਹਿਣ ਲੱਗ ਪਿਆ।

39659	926	ਜੀਉ ਪਿੰਡੁ ਗ੍ਰਿਹੁ ਥਾਨੁ ਤਿਸ ਕਾ ਤਨੁ ਜੋਬਨੁ ਧਨੁ ਮਾਲੁ ਜੀਉ॥		Jeeo Pindd Grihu Thhaan This Kaa Than Joban Dhhan Maal Jeeo ||	My soul, body, household and home belong to Him, along with my body, youth, wealth and property.	(ਸਾਡੀ ਇਹ) ਜਿੰਦ (ਸਾਡਾ ਇਹ) ਸਰੀਰ, ਘਰ, ਥਾਂ, ਤਨ, ਜੋਬਨ ਅਤੇ ਧਨ-ਮਾਲ ਸਭ ਕੁਝ ਉਸ ਪਰਮਾਤਮਾ ਦਾ ਹੀ ਦਿੱਤਾ ਹੋਇਆ ਹੈ।
39660	926	ਸਦ ਸਦਾ ਬਲਿ ਜਾਇ ਨਾਨਕੁ ਸਰਬ ਜੀਆ ਪ੍ਰਤਿਪਾਲ ਜੀਉ॥੨॥		Sadh Sadhaa Bal Jaae Naanak Sarab Jeeaa Prathipaal Jeeo ||2||	Forever and ever, Nanak is a sacrifice to Him, who cherishes and nurtures all beings. ||2||	ਉਹ ਪ੍ਰਭੂ ਸਾਰੇ ਜੀਵਾਂ ਦਾ ਪਾਲਣ ਵਾਲਾ ਹੈ, ਨਾਨਕ ਉਸ ਤੋਂ ਸਦਾ ਹੀ ਸਦਕੇ ਜਾਂਦਾ ਹੈ ॥੨॥
39661	926	ਸਲੋਕੁ॥		Salok ||	Shalok:	
39662	926	ਰਸਨਾ ਉਚਰੈ ਹਰਿ ਹਰੇ ਗੁਣ ਗੋਵਿੰਦ ਵਖਿਆਨ॥		Rasanaa Oucharai Har Harae Gun Govindh Vakhiaan ||	My tongue chants the Name of the Lord, and chants the Glorious Praises of the Lord of the Universe.	ਜਿਹੜਾ ਮਨੁੱਖ ਆਪਣੀ ਜੀਭ ਨਾਲ ਪਰਮਾਤਮਾ ਦਾ ਨਾਮ ਉਚਾਰਦਾ ਰਹਿੰਦਾ ਹੈ, ਗੋਬਿੰਦ ਦੇ ਗੁਣ ਬਿਆਨ ਕਰਦਾ ਰਹਿੰਦਾ ਹੈ,
39663	926	ਨਾਨਕ ਪਕੜੀ ਟੇਕ ਏਕ ਪਰਮੇਸਰੁ ਰਖੈ ਨਿਦਾਨ॥੧॥		Naanak Pakarree Ttaek Eaek Paramaesar Rakhai Nidhaan ||1||	Nanak has grasped the sheltering support of the One Transcendent Lord, who shall save him in the end. ||1||	ਸਦਾ ਇਕ ਪਰਮੇਸਰ ਦਾ ਆਸਰਾ ਲਈ ਰੱਖਦਾ ਹੈ, ਹੇ ਨਾਨਕ! ਪਰਮਾਤਮਾ ਆਖ਼ਰ ਉਸ ਦੀ ਰੱਖਿਆ ਕਰਦਾ ਹੈ ॥੧॥
39664	926	ਛੰਤੁ॥		Shhanth ||	Chhant:	ਛੰਤੁ।

39665	926	ਸੋ ਸੁਆਮੀ ਪ੍ਰਭੁ ਰਖਕੋ ਅੰਚਲਿ ਤਾ ਕੈ ਲਾਗੁ ਜੀਉ॥		So Suaamee Prabh Rakhako Anchal Thaa Kai Laag Jeeo ||	He is God, our Lord and Master, our Saving Grace. Grab hold of the hem of His robe.	ਹੇ ਭਾਈ! ਉਹੀ ਮਾਲਕ-ਪ੍ਰਭੂ ਹੀ (ਅਸਾਂ ਜੀਵਾਂ ਦਾ) ਰਾਖਾ ਹੈ, ਸਦਾ ਉਸ ਦੇ ਲੜ ਲੱਗਾ ਰਹੁ।
39666	926	ਭਜੁ ਸਾਧੂਸੰਗਿ ਦਇਆਲ ਦੇਵ ਮਨ ਕੀ ਮਤਿ ਤਿਆਗੁ ਜੀਉ॥	ਭਜੁ:ਪੋਲਾ ਬੋਲੋ	Bhaj Saadhhoo Sang Dhaeiaal Dhaev Man Kee Math Thiaag Jeeo ||	Vibrate, and meditate on the Merciful Divine Lord in the Saadh Sangat, the Company of the Holy; renounce your intellectual mind.	ਆਪਣੇ ਮਨ ਦੀ ਸਿਆਣਪ ਛੱਡ ਦੇਹ, ਗੁਰੂ ਦੀ ਸੰਗਤ ਵਿਚ ਟਿਕ ਕੇ ਉਸ ਦਇਆ-ਦੇ-ਘਰ ਪ੍ਰਭੂ ਦਾ ਭਜਨ ਕਰਿਆ ਕਰ।
39667	927	ਇਕ ਓਟ ਕੀਜੈ ਜੀਉ ਦੀਜੈ ਆਸ ਇਕ ਧਰਣੀਧਰੈ॥	ਧਰਣੀ-ਧਰੈ	Eik Outt Keejai Jeeo Dheejai Aas Eik Dhharaneedhharai ||	Seek the Support of the One Lord, and surrender your soul to Him; place your hopes only in the Sustainer of the World.	ਸਿਰਫ਼ ਇਕ ਪਰਮਾਤਮਾ ਦਾ ਆਸਰਾ ਲੈਣਾ ਚਾਹੀਦਾ ਹੈ, ਆਪਣਾ ਆਪ ਉਸਦੇ ਹਵਾਲੇ ਕਰ ਦੇਣਾ ਚਾਹੀਦਾ ਹੈ, ਸਾਰੀ ਸ੍ਰਿਸ਼ਟੀ ਦੇ ਆਸਰੇ ਉਸ ਪ੍ਰਭੂ ਦੀ ਹੀ ਆਸ ਰੱਖਣੀ ਚਾਹੀਦੀ ਹੈ।
39668	927	ਸਾਧਸੰਗੇ ਹਰਿ ਨਾਮ ਰੰਗੇ ਸੰਸਾਰੁ ਸਾਗਰੁ ਸਭੁ ਤਰੈ॥		Saadhhasangae Har Naam Rangae Sansaar Saagar Sabh Tharai ||	Those who are imbued with the Lord's Name, in the Saadh Sangat, cross over the terrifying world-ocean.	ਜਿਹੜਾ ਮਨੁੱਖ ਗੁਰੂ ਦੀ ਸੰਗਤ ਵਿਚ ਰਹਿ ਕੇ ਪਰਮਾਤਮਾ ਦੇ ਨਾਮ ਦੇ ਪਿਆਰ ਵਿਚ ਟਿਕਿਆ ਰਹਿੰਦਾ ਹੈ, ਉਹ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।

39669	927	ਜਨਮ ਮਰਣ ਬਿਕਾਰ ਛੂਟੇ ਫਿਰਿ ਨ ਲਾਗੈ ਦਾਗੁ ਜੀਉ॥		Janam Maran Bikaar Shhoottae Fir N Laagai Dhaag Jeeo ||	The corrupting sins of birth and death are eradicated, and no stain ever sticks to them again.	ਉਸ ਮਨੁੱਖ ਦੇ ਜਨਮ ਮਰਨ ਦੇ ਗੇੜ ਉਸ ਦੇ ਪਿਛਲੇ ਕੀਤੇ ਸਾਰੇ ਕੁਕਰਮ ਮੁੱਕ ਜਾਂਦੇ ਹਨ, ਮੁੜ ਕਦੇ ਉਸ ਨੂੰ ਵਿਕਾਰਾਂ ਦਾ ਦਾਗ਼ ਨਹੀਂ ਲੱਗਦਾ।
39670	927	ਬਲਿ ਜਾਇ ਨਾਨਕੁ ਪੁਰਖ ਪੂਰਨ ਥਿਰੁ ਜਾ ਕਾ ਸੋਹਾਗੁ ਜੀਉ॥੩॥		Bal Jaae Naanak Purakh Pooran Thhir Jaa Kaa Sohaag Jeeo ||3||	Nanak is a sacrifice to the Perfect Primal Lord; His marriage is eternal. ||3||	ਜਿਸ ਪਰਮਾਤਮਾ ਦਾ ਪਤੀ ਵਾਲਾ ਸਹਾਰਾ ਸਦਾ (ਜੀਵਾਂ ਦੇ ਸਿਰ ਉਤੇ) ਕਾਇਮ ਰਹਿੰਦਾ ਹੈ, ਨਾਨਕ ਉਸ ਸਰਬ-ਗੁਣ-ਭਰਪੂਰ ਸਰਬ-ਵਿਆਪਕ ਪ੍ਰਭੂ ਤੋਂ ਸਦਕੇ ਜਾਂਦਾ ਹੈ ॥੩॥
39671	927	ਸਲੋਕੁ॥		Salok ||	Shalok:	
39672	927	ਧਰਮ ਅਰਥ ਅਰੁ ਕਾਮ ਮੋਖ ਮੁਕਤਿ ਪਦਾਰਥ ਨਾਥ॥		Dhharam Arathh Ar Kaam Mokh Mukath Padhaarathh Naathh ||	Righteous faith, wealth, sexual success and salvation; the Lord bestows these four blessings.	ਹੇ ਨਾਨਕ! (ਦੁਨੀਆ ਦੇ ਪ੍ਰਸਿੱਧ ਚਾਰ ਪਦਾਰਥ) ਧਰਮ ਅਰਥ ਕਾਮ ਅਤੇ ਮੋਖ ਦਾ ਮਾਲਕ ਪ੍ਰਭੂ ਆਪ ਹੈ।
39673	927	ਸਗਲ ਮਨੋਰਥ ਪੂਰਿਆ ਨਾਨਕ ਲਿਖਿਆ ਮਾਥ॥੧॥		Sagal Manorathh Pooriaa Naanak Likhiaa Maathh ||1||	One who has such pre-ordained destiny upon his forehead, O Nanak, has all his desires fulfilled. ||1||	ਜਿਸ ਮਨੁੱਖ ਦੇ ਮੱਥੇ ਉੱਤੇ ਲੇਖ ਲਿਖਿਆ ਹੋਇਆ ਹੋਵੇ (ਉਸ ਨੂੰ ਉਹ ਪ੍ਰਭੂ ਆ ਮਿਲਦਾ ਹੈ ਅਤੇ) ਉਸ ਦੇ ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ ॥੧॥
39674	927	ਛੰਤੁ॥	ਝ-ਇਆ	Shhanth ||	Chhant:	ਛੰਤੁ।

39675	927	ਸਗਲ ਇਛ ਮੇਰੀ ਪੁੰਨੀਆ ਮਿਲਿਆ ਨਿਰੰਜਨ ਰਾਇ ਜੀਉ॥		Sagal Eishh Maeree Punneeaa Miliaa Niranjan Raae Jeeo ||	All my desires are fulfilled, meeting with my Immaculate, Sovereign Lord.	ਨਿਰਲੇਪ ਪ੍ਰਭੂ-ਪਾਤਿਸ਼ਾਹ (ਜਦੋਂ ਦਾ) ਮੈਨੂੰ ਮਿਲਿਆ ਹੈ, ਮੇਰੀਆਂ ਸਾਰੀਆਂ ਮੁਰਾਦਾਂ ਪੂਰੀਆਂ ਹੋ ਗਈਆਂ ਹਨ।
39676	927	ਅਨਦੁ ਭਇਆ ਵਡਭਾਗੀਹੋ ਗ੍ਰਿਹਿ ਪ੍ਰਗਟੇ ਪ੍ਰਭ ਆਇ ਜੀਉ॥		Anadh Bhaeiaa Vaddabhaageeho Grihi Pragattae Prabh Aae Jeeo ||	I am in ecstasy, O very fortunate ones; the Dear Lord has become manifest in my own home.	ਹੇ ਵੱਡੇ ਭਾਗਾਂ ਵਾਲੇ ਸੱਜਣੋ! ਜਿਸ ਮਨੁੱਖ ਦੇ ਹਿਰਦੇ-ਘਰ ਵਿਚ ਪ੍ਰਭੂ ਜੀ ਆ ਵੱਸਦੇ ਹਨ, ਉਸਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ।
39677	927	ਗ੍ਰਿਹਿ ਲਾਲ ਆਏ ਪੁਰਬਿ ਕਮਾਏ ਤਾ ਕੀ ਉਪਮਾ ਕਿਆ ਗਣਾ॥		Grihi Laal Aaeae Purab Kamaaeae Thaa Kee Oupamaa Kiaa Ganaa ||	My Beloved has come to my home, because of my past actions; how can I count His Glories?	ਪਰ, ਉਸ ਦੇ ਹਿਰਦੇ-ਘਰ ਵਿਚ ਸੋਹਣਾ ਪਾਤਿਸ਼ਾਹ ਆ ਕੇ ਵੱਸਦਾ ਹੈ ਜਿਸ ਨੇ ਪੂਰਬਲੇ ਜਨਮ ਵਿਚ ਨੇਕ ਕਰਮ ਕਮਾਏ ਹੁੰਦੇ ਹਨ। ਮੈਂ ਉਸ ਪ੍ਰਭੂ ਦੀ ਕੋਈ ਵਡਿਆਈ ਕਰਨ-ਜੋਗ ਨਹੀਂ ਹਾਂ।
39678	927	ਬੇਅੰਤ ਪੂਰਨ ਸੁਖ ਸਹਜ ਦਾਤਾ ਕਵਨ ਰਸਨਾ ਗੁਣ ਭਣਾ॥		Baeanth Pooran Sukh Sehaj Dhaathaa Kavan Rasanaa Gun Bhanaa ||	The Lord, the Giver of peace and intuition, is infinite and perfect; with what tongue can I describe His Glorious Virtues?	ਉਹ ਬੇਅੰਤ ਹੈ, ਸਾਰੇ ਗੁਣਾਂ ਨਾਲ ਭਰਪੂਰ ਹੈ, ਆਤਮਕ ਅਡੋਲਤਾ ਦੇ ਆਨੰਦ ਬਖ਼ਸ਼ਣ ਵਾਲਾ ਹੈ। ਮੈਂ ਆਪਣੀ ਜੀਭ ਨਾਲ ਉਸ ਦੇ ਕਿਹੜੇ ਕਿਹੜੇ ਗੁਣ ਬਿਆਨ ਕਰਾਂ?

39679	927	ਆਪੇ ਮਿਲਾਏ ਗਹਿ ਕੰਠਿ ਲਾਏ ਤਿਸੁ ਬਿਨਾ ਨਹੀ ਜਾਇ ਜੀਉ॥		Aapae Milaaeae Gehi Kanth Laaeae This Binaa Nehee Jaae Jeeo ||	He hugs me close in His embrace, and merges me into Himself; there is no place of rest other than Him.	ਉਹ ਆਪ ਹੀ (ਕਿਸੇ ਵਡਭਾਗੀ ਨੂੰ ਆਪਣੇ ਚਰਨਾਂ ਵਿਚ) ਜੋੜਦਾ ਹੈ, ਉਸ ਨੂੰ ਫੜ ਕੇ ਆਪਣੇ ਗਲ ਨਾਲ ਲਾਂਦਾ ਹੈ। ਉਸ ਪ੍ਰਭੂ ਤੋਂ ਬਿਨਾ ਹੋਰ ਕੋਈ (ਮੇਰਾ) ਸਹਾਰਾ ਨਹੀਂ।
39680	927	ਬਲਿ ਜਾਇ ਨਾਨਕੁ ਸਦਾ ਕਰਤੇ ਸਭ ਮਹਿ ਰਹਿਆ ਸਮਾਇ ਜੀਉ॥੪॥੪॥		Bal Jaae Naanak Sadhaa Karathae Sabh Mehi Rehiaa Samaae Jeeo ||4||4||	Nanak is forever a sacrifice to the Creator, who is contained in, and permeating all. ||4||4||	ਨਾਨਕ ਸਦਾ ਉਸ ਕਰਤਾਰ ਤੋਂ ਸਦਕੇ ਜਾਂਦਾ ਹੈ, ਉਹ ਸਭਨਾਂ ਜੀਵਾਂ ਵਿਚ ਵਿਆਪਕ ਹੈ ॥੪॥੪॥
39681	927	ਰਾਗੁ ਰਾਮਕਲੀ ਮਹਲਾ ੫॥		Raag Raamakalee Mehalaa 5 ||	Raag Raamkalee, Fifth Mehl:	

39682	927	ਰਣ ਝੁੰਝਨੜਾ ਗਾਉ ਸਖੀ ਹਰਿ ਏਕੁ ਧਿਆਵਹੁ॥	(ਰਣ)ਸੁੰਦਰ। (ਝੁੰਝਨੜਾ)ਝੁਨ ਕਾਰ ਵਾਲਾ ਵਾਹਿਗੁਰੂ ਜਸ, ਬਾਲਕ ਜਨਮ ਸਮੇਂ ਗਾਵਿਆ ਜਾਂਦਾ ਹੈ। ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਅਵਤਾਰ ਵੇਲੇ, ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਇਹ ਦੋ ਤੁਕਾਂ ਉਚਾਰਦਿਆਂ ਹੀ ਅਫੁਰ ਅਚੱਲ ਅਡੋਲ ਸਮਾਧੀ ਚ ਲੀਣ ਹੋ ਗਏ	Ran Jhunjhanarraa Gaao Sakhee Har Eaek Dhhiaavahu ||	Sing the melodious harmonies, O my companions, and meditate on the One Lord.	ਹੇ ਸਹੇਲੀਹੋ! ਹੇ ਸਤਸੰਗੀਓ! ਇਕ ਪਰਮਾਤਮਾ ਦਾ ਧਿਆਨ ਧਰੋ; ਪ੍ਰਭੂ ਦੀ ਸਿਫ਼ਤ-ਸਾਲਾਹ ਦਾ (ਉਹ) ਸੋਹਣਾ ਗੀਤ ਗਾਵੋ (ਜਿਸ ਦੀ ਬਰਕਤ ਨਾਲ ਵਿਕਾਰਾਂ ਦਾ ਟਾਕਰਾ ਕਰ ਸਕੋ)।
39683	927	ਸਤਿਗੁਰੁ ਤੁਮ ਸੇਵਿ ਸਖੀ ਮਨਿ ਚਿੰਦਿਅੜਾ ਫਲੁ ਪਾਵਹੁ॥		Sathigur Thum Saev Sakhee Man Chindhiarraa Fal Paavahu ||	Serve your True Guru, O my companions, and you shall obtain the fruits of your mind's desires.	ਹੇ ਸਹੇਲੀਹੋ! ਗੁਰੂ ਦੀ ਸਰਨ ਪਵੋ, (ਇਸ ਤਰ੍ਹਾਂ ਵਿਕਾਰਾਂ ਦੇ ਟਾਕਰੇ ਤੇ ਜਿੱਤ ਪ੍ਰਾਪਤ ਕਰਨ ਦਾ ਇਹ) ਮਨ-ਇੱਛਤ ਫਲ ਪ੍ਰਾਪਤ ਕਰ ਲਵੋਗੀਆਂ।
39684	927	ਰਾਮਕਲੀ ਮਹਲਾ ੫ ਰੁਤੀ ਸਲੋਕ		Raamakalee Mehalaa 5 Ruthee Saloku	Raamkalee, Fifth Mehl, Ruti ~ The Seasons. Shalok:	ਰਾਗ ਰਾਮਕਲੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਰੁਤੀ ਸਲੋਕੁ'।
39685	927	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

39686	927	ਕਰਿ ਬੰਦਨ ਪ੍ਰਭ ਪਾਰਬ੍ਰਹਮ ਬਾਛਉ ਸਾਧਹ ਧੂਰਿ॥		Kar Bandhan Prabh Paarabreham Baashho Saadhheh Dhhoor ||	Bow to the Supreme Lord God, and seek the dust of the feet of the Holy.	ਪਾਰਬ੍ਰਹਮ ਪ੍ਰਭੂ ਨੂੰ ਨਮਸਕਾਰ ਕਰ ਕੇ ਮੈਂ (ਉਸ ਦੇ ਦਰ ਤੋਂ) ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ,
39687	927	ਆਪੁ ਨਿਵਾਰਿ ਹਰਿ ਹਰਿ ਭਜਉ ਨਾਨਕ ਪ੍ਰਭ ਭਰਪੂਰਿ॥੧॥		Aap Nivaar Har Har Bhajo Naanak Prabh Bharapoor ||1||	Cast out your self-conceit, and vibrate, meditate, on the Lord, Har, Har. O Nanak, God is all-pervading. ||1||	ਅਤੇ ਹੇ ਨਾਨਕ! ਆਪਾ-ਭਾਵ ਦੂਰ ਕਰ ਕੇ ਮੈਂ ਉਸ ਸਰਬ-ਵਿਆਪਕ ਪ੍ਰਭੂ ਦਾ ਨਾਮ ਜਪਦਾ ਹਾਂ ॥੧॥
39688	927	ਕਿਲਵਿਖ ਕਾਟਣ ਭੈ ਹਰਣ ਸੁਖਸਾਗਰ ਹਰਿ ਰਾਇ॥		Kilavikh Kaattan Bhai Haran Sukh Saagar Har Raae ||	He is the Eradicator of sins, the Destroyer of fear, the Ocean of peace, the Sovereign Lord King.	ਪ੍ਰਭੂ ਪਾਤਿਸ਼ਾਹ ਸਾਰੇ ਪਾਪ ਕੱਟਣ ਵਾਲਾ ਹੈ, ਸਾਰੇ ਡਰ ਦੂਰ ਕਰਨ ਵਾਲਾ ਹੈ, ਸੁਖਾਂ ਦਾ ਸਮੁੰਦਰ ਹੈ,
39689	927	ਦੀਨ ਦਇਆਲ ਦੁਖਭੰਜਨੋ ਨਾਨਕ ਨੀਤ ਧਿਆਇ॥੨॥	ਦ-ਇਆਲ	Dheen Dhaeiaal Dhukh Bhanjano Naanak Neeth Dhhiaae ||2||	Merciful to the meek, the Destroyer of pain: O Nanak, always meditate on Him. ||2||	ਗਰੀਬਾਂ ਉਤੇ ਦਇਆ ਕਰਨ ਵਾਲਾ ਹੈ, (ਗਰੀਬਾਂ ਦੇ) ਦੁੱਖ ਨਾਸ ਕਰਨ ਵਾਲਾ ਹੈ। ਹੇ ਨਾਨਕ! ਉਸ ਨੂੰ ਸਦਾ ਸਿਮਰਦਾ ਰਹੁ ॥੨॥
39690	927	ਛੰਤੁ॥		Shhanth ||	Chhant:	ਛੰਤੁ।

39691	927	ਜਸੁ ਗਾਵਹੁ ਵਡਭਾਗੀਹੋ ਕਰਿ ਕਿਰਪਾ ਭਗਵੰਤ ਜੀਉ॥		Jas Gaavahu Vaddabhaageeho Kar Kirapaa Bhagavanth Jeeo ||	Sing His Praises, O very fortunate ones, and the Dear Lord God shall bless you with His Mercy.	ਹੇ ਵੱਡੇ ਭਾਗਾਂ ਵਾਲਿਓ! ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦੇ ਰਿਹਾ ਕਰੋ। ਹੇ ਭਗਵਾਨ! (ਮੇਰੇ ਉਤੇ) ਮਿਹਰ ਕਰ (ਮੈਂ ਭੀ ਤੇਰਾ ਜਸ ਗਾਂਦਾ ਰਹਾਂ।
39692	927	ਰੁਤੀ ਮਾਹ ਮੂਰਤ ਘੜੀ ਗੁਣ ਉਚਰਤ ਸੋਭਾਵੰਤ ਜੀਉ॥	ਉੱਚ-ਰਤ	Ruthee Maah Moorath Gharree Gun Oucharath Sobhaavanth Jeeo ||	Blessed and auspicious is that season, that month, that moment, that hour, when you chant the Lord's Glorious Praises.	ਜਿਹੜੀਆਂ ਰੁੱਤਾਂ, ਜਿਹੜੇ ਮੁਹੂਰਤ, ਜਿਹੜੀਆਂ ਘੜੀਆਂ ਪਰਮਾਤਮਾ ਦੇ ਗੁਣ ਉਚਾਰਦਿਆਂ ਬੀਤਣ, ਉਹ ਸਮੇ ਸੋਭਾ ਵਾਲੇ ਹੁੰਦੇ ਹਨ।
39693	927	ਗੁਣ ਰੰਗਿ ਰਾਤੇ ਧੰਨਿ ਤੇ ਜਨ ਜਿਨੀ ਇਕ ਮਨਿ ਧਿਆਇਆ॥		Gun Rang Raathae Dhhann Thae Jan Jinee Eik Man Dhhiaaeiaa ||	Blessed are those humble beings, who are imbued with love for His Praises, and who meditate single-mindedly on Him.	ਜਿਹੜੇ ਬੰਦੇ ਪਰਮਾਤਮਾ ਦੇ ਗੁਣਾਂ ਦੇ ਪਿਆਰ-ਰੰਗ ਵਿਚ ਰੰਗੇ ਰਹਿੰਦੇ ਹਨ, ਜਿਨ੍ਹਾਂ ਬੰਦਿਆਂ ਨੇ ਇਕ-ਮਨ ਹੋ ਕੇ ਪਰਮਾਤਮਾ ਦਾ ਸਿਮਰਨ ਕੀਤਾ ਹੈ, ਉਹ ਬੰਦੇ ਭਾਗਾਂ ਵਾਲੇ ਹਨ।
39694	927	ਸਫਲ ਜਨਮੁ ਭਇਆ ਤਿਨ ਕਾ ਜਿਨੀ ਸੋ ਪ੍ਰਭੁ ਪਾਇਆ॥		Safal Janam Bhaeiaa Thin Kaa Jinee So Prabh Paaeiaa ||	Their lives become fruitful, and they find that Lord God.	(ਸਿਮਰਨ ਦੀ ਬਰਕਤਿ ਨਾਲ) ਜਿਨ੍ਹਾਂ ਨੇ ਪਰਮਾਤਮਾ ਦਾ ਮਿਲਾਪ ਹਾਸਲ ਕਰ ਲਿਆ ਹੈ ਉਹਨਾਂ ਦਾ ਮਨੁੱਖਾ ਜੀਵਨ ਕਾਮਯਾਬ ਹੋ ਗਿਆ ਹੈ।

39695	927	ਪੁੰਨ ਦਾਨ ਨ ਤੁਲਿ ਕਿਰਿਆ ਹਰਿ ਸਰਬ ਪਾਪਾ ਹੰਤ ਜੀਉ॥		Punn Dhaan N Thul Kiriaa Har Sarab Paapaa Hanth Jeeo ||	Donations to charities and religious rituals are not equal to meditation on the Lord, who destroys all sins.	ਪਰਮਾਤਮਾ (ਦਾ ਨਾਮ) ਸਾਰੇ ਪਾਪਾਂ ਦਾ ਨਾਸ ਕਰਨ ਵਾਲਾ ਹੈ, ਕੋਈ ਪੁੰਨ-ਦਾਨ ਕੋਈ ਧਾਰਮਿਕ ਕਰਮ ਹਰਿ-ਨਾਮ ਸਿਮਰਨ ਦੇ ਬਰਾਬਰ ਨਹੀਂ ਹਨ।
39696	927	ਬਿਨਵੰਤਿ ਨਾਨਕ ਸਿਮਰਿ ਜੀਵਾ ਜਨਮ ਮਰਣ ਰਹੰਤ ਜੀਉ॥੧॥		Binavanth Naanak Simar Jeevaa Janam Maran Rehanth Jeeo ||1||	Prays Nanak, meditating in remembrance on Him, I live; birth and death are finished for me. ||1||	ਨਾਨਕ ਬੇਨਤੀ ਕਰਦਾ ਹੈ ਕਿ ਪਰਮਾਤਮਾ ਦਾ ਨਾਮ ਸਿਮਰ ਕੇ ਮੈਂ ਆਤਮਕ ਜੀਵਨ ਪ੍ਰਾਪਤ ਕਰਦਾ ਹਾਂ। (ਸਿਮਰਨ ਦੀ ਬਰਕਤ ਨਾਲ) ਜਨਮ ਮਰਨ (ਦੇ ਗੇੜ) ਮੁੱਕ ਜਾਂਦੇ ਹਨ ॥੧॥
39697	927	ਸਲੋਕ॥		Salok ||	Shalok:	
39698	927	ਉਦਮੁ ਅਗਮੁ ਅਗੋਚਰੋ ਚਰਨਕਮਲ ਨਮਸਕਾਰ॥	ਅ-ਗਮ:ਪੋਲਾ ਸੋਗ ਰਹਿਤ	Oudham Agam Agocharo Charan Kamal Namasakaar ||	Strive for the inaccessible and unfathomable Lord, and bow in humility to His lotus feet.	ਹੇ ਪ੍ਰਭੂ! ਤੂੰ ਉੱਦਮ-ਸਰੂਪ ਹੈਂ (ਤੇਰੇ ਵਿਚ ਰਤਾ ਭੀ ਆਲਸ ਨਹੀਂ ਹੈ), ਤੂੰ ਅਪਹੁੰਚ ਹੈਂ, ਗਿਆਨ-ਇੰਦ੍ਰਿਆਂ ਦੀ ਤੇਰੇ ਤਕ ਪਹੁੰਚ ਨਹੀਂ; ਮੈਂ ਤੇਰੇ ਸੋਹਣੇ ਚਰਨਾਂ ਤੇ ਨਮਸਕਾਰ ਕਰਦਾ ਹਾਂ।
39699	927	ਕਥਨੀ ਸਾ ਤੁਧੁ ਭਾਵਸੀ ਨਾਨਕ ਨਾਮ ਅਧਾਰ॥੧॥		Kathhanee Saa Thudhh Bhaavasee Naanak Naam Adhhaar ||1||	O Nanak, that sermon alone is pleasing to You, Lord, which inspires us to take the Support of the Name. ||1||	ਹੇ ਪ੍ਰਭੂ! (ਮਿਹਰ ਕਰ) ਮੈਂ (ਸਦਾ) ਉਹ ਬੋਲ ਬੋਲਾਂ ਜੋ ਤੈਨੂੰ ਚੰਗਾ ਲੱਗੇ। ਤੇਰਾ ਨਾਮ ਹੀ ਨਾਨਕ ਦਾ ਆਸਰਾ ਬਣਿਆ ਰਹੇ ॥੧॥

39700	927	ਸੰਤ ਸਰਣਿ ਸਾਜਨ ਪਰਹੁ ਸੁਆਮੀ ਸਿਮਰਿ ਅਨੰਤ॥		Santh Saran Saajan Parahu Suaamee Simar Ananth ||	Seek the Sanctuary of the Saints, O friends; meditate in remembrance on your infinite Lord and Master.	ਹੇ ਸੱਜਣੋ! ਗੁਰੂ-ਸੰਤ ਦੀ ਸਰਨ ਪਏ ਰਹੋ। (ਗੁਰੂ ਦੀ ਰਾਹੀਂ) ਬੇਅੰਤ ਮਾਲਕ-ਪ੍ਰਭੂ ਨੂੰ ਸਿਮਰ ਕੇ,
39701	927	ਸੂਕੇ ਤੇ ਹਰਿਆ ਥੀਆ ਨਾਨਕ ਜਪਿ ਭਗਵੰਤ॥੨॥		Sookae Thae Hariaa Thheeaa Naanak Jap Bhagavanth ||2||	The dried branch shall blossom forth in its greenery again, O Nanak, meditating on the Lord God. ||2||	ਭਗਵਾਨ ਦਾ ਨਾਮ ਜਪ ਕੇ ਹੇ ਨਾਨਕ! (ਮਨੁੱਖ) ਸੁੱਕੇ ਤੋਂ ਹਰਾ ਹੋ ਜਾਂਦਾ ਹੈ ॥੨॥
39702	927	ਛੰਤੁ॥		Shhanth ||	Chhant:	ਛੰਤੁ।
39703	927	ਰੁਤਿ ਸਰਸ ਬਸੰਤ ਮਾਹ ਚੇਤੁ ਵੈਸਾਖ ਸੁਖ ਮਾਸੁ ਜੀਉ॥		Ruth Saras Basanth Maah Chaeth Vaisaakh Sukh Maas Jeeo ||	The season of spring is delightful; the months of Chayt and Baisaakhi are the most pleasant months.	(ਹੇ ਸੱਜਣੋ! ਉਸ ਮਨੁੱਖ ਨੂੰ) ਬਸੰਤ ਦੀ ਰੁਤਿ ਆਨੰਦ-ਦਾਇਕ ਪ੍ਰਤੀਤ ਹੁੰਦੀ ਹੈ, ਉਸ ਵਾਸਤੇ ਮਹੀਨਾ ਚੇਤ ਉਸ ਵਾਸਤੇ ਵੈਸਾਖ ਦਾ ਮਹੀਨਾ ਸੁਖਾਂ ਨਾਲ ਭਰਪੂਰ ਹੋ ਜਾਂਦਾ ਹੈ,
39704	927	ਹਰਿ ਜੀਉ ਨਾਹੁ ਮਿਲਿਆ ਮਉਲਿਆ ਮਨੁ ਤਨੁ ਸਾਸੁ ਜੀਉ॥	ਮਉੱਲਿਆ:ਕਸਕੇ	Har Jeeo Naahu Miliaa Mouliaa Man Than Saas Jeeo ||	I have obtained the Dear Lord as my Husband, and my mind, body and breath have blossomed forth.	ਉਸ ਦਾ ਮਨ ਉਸ ਦਾ ਤਨ ਉਸ ਦਾ (ਹਰੇਕ) ਸਾਹ ਖ਼ੁਸ਼ੀ ਨਾਲ ਮਹਿਕ ਉਠਦਾ ਹੈ, ਜਿਸ ਨੂੰ ਪ੍ਰਭੂ-ਖਸਮ ਮਿਲ ਪੈਂਦਾ ਹੈ।

39705	927	ਘਰਿ ਨਾਹੁ ਨਿਹਚਲੁ ਅਨਦੁ ਸਖੀਏ ਚਰਨਕਮਲ ਪ੍ਰਫੁਲਿਆ॥	ਪ੍ਰਫੁੱਲਿਆ	Ghar Naahu Nihachal Anadh Sakheeeae Charan Kamal Prafuliaa ||	The eternal, unchanging Lord has come into my home as my Husband, O my companions; dwelling upon His lotus feet, I blossom forth in bliss.	ਹੇ ਸਹੇਲੀਏ! ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਪ੍ਰਭੂ-ਪਤੀ ਦੇ ਸੋਹਣੇ ਚਰਨ ਆ ਵੱਸਣ, ਉਸ ਦਾ ਹਿਰਦਾ ਖਿੜ ਪੈਂਦਾ ਹੈ; ਜਿਸ ਹਿਰਦੇ-ਘਰ ਵਿਚ ਸਦਾ ਕਾਇਮ ਰਹਿਣ ਵਾਲਾ ਪ੍ਰਭੂ-ਪਤੀ ਆ ਵੱਸੇ, ਉਥੇ ਸਦਾ ਆਨੰਦ ਬਣਿਆ ਰਹਿੰਦਾ ਹੈ।
39706	928	ਸੁੰਦਰੁ ਸੁਘੜੁ ਸੁਜਾਣੁ ਬੇਤਾ ਗੁਣ ਗੋਵਿੰਦ ਅਮੁਲਿਆ॥	ਅ-ਮੁੱਲਿਆ	Sundhar Sugharr Sujaan Baethaa Gun Govindh Amuliaa ||	The Lord of the Universe is beautiful, proficient, wise and all-knowing;	ਹੇ ਸਹੇਲੀਏ! ਉਹ ਪ੍ਰਭੂ ਸੁੰਦਰ ਹੈ, ਸੋਹਣਾ ਹੈ, ਸੁਜਾਨ ਹੈ, (ਸਭ ਦੇ ਦਿਲ ਦੀ) ਜਾਣਨ ਵਾਲਾ ਹੈ। ਉਸ ਗੋਬਿੰਦ ਦੇ ਗੁਣ ਕਿਸੇ ਮੁੱਲ ਤੋਂ ਨਹੀਂ ਮਿਲ ਸਕਦੇ।
39707	928	ਵਡਭਾਗਿ ਪਾਇਆ ਦੁਖੁ ਗਵਾਇਆ ਭਈ ਪੂਰਨ ਆਸ ਜੀਉ॥		Vaddabhaag Paaeiaa Dhukh Gavaaeiaa Bhee Pooran Aas Jeeo ||	His Virtues are priceless. By great good fortune, I have found Him; my pain is dispelled, and my hopes are fulfilled.	ਹੇ ਸਹੇਲੀਏ! ਜਿਸ ਜੀਵ-ਇਸਤ੍ਰੀ ਨੇ ਚੰਗੀ ਕਿਸਮਤ ਨਾਲ ਉਸ ਦਾ ਮਿਲਾਪ ਪ੍ਰਾਪਤ ਕਰ ਲਿਆ, ਉਸ ਨੇ ਆਪਣਾ ਸਾਰਾ ਦੁੱਖ ਦੂਰ ਕਰ ਲਿਆ, ਉਸ ਦੀ ਹਰੇਕ ਆਸ ਪੂਰੀ ਹੋ ਗਈ।
39708	928	ਬਿਨਵੰਤਿ ਨਾਨਕ ਸਰਣਿ ਤੇਰੀ ਮਿਟੀ ਜਮ ਕੀ ਤ੍ਰਾਸ ਜੀਉ॥੨॥	ਮਿਟੀ:ਪੋਲਾ ਬੋਲੋ	Binavanth Naanak Saran Thaeree Mittee Jam Kee Thraas Jeeo ||2||	Prays Nanak, I have entered Your Sanctuary, Lord, and my fear of death is eradicated. ||2||	ਨਾਨਕ (ਭੀ ਉਸ ਦੇ ਦਰ ਤੇ) ਬੇਨਤੀ ਕਰਦਾ ਹੈ (ਤੇ ਆਖਦਾ ਹੈ ਕਿ ਹੇ ਪ੍ਰਭੂ! ਜਿਹੜਾ ਭੀ ਜੀਵ) ਤੇਰੀ ਸਰਨ ਆ ਗਿਆ, (ਉਸ ਦੇ ਦਿਲੋਂ) ਮੌਤ ਦਾ ਸਹਿਮ ਦੂਰ ਹੋ ਗਿਆ ॥੨॥

39709	928	ਸਲੋਕ॥		Salok ||	Shalok:	
39710	928	ਸਾਧਸੰਗਤਿ ਬਿਨੁ ਭ੍ਰਮਿ ਮੁਈ ਕਰਤੀ ਕਰਮ ਅਨੇਕ॥		Saadhhasangath Bin Bhram Muee Karathee Karam Anaek ||	Without the Saadh Sangat, the Company of the Holy, one dies wandering around in confusion, performing all sorts of rituals.	ਗੁਰੂ ਦੀ ਸੰਗਤ ਤੋਂ ਵਾਂਜੀ ਰਹਿ ਕੇ ਹੋਰ ਹੋਰ ਅਨੇਕਾਂ ਕਰਮ ਕਰਦੀ ਹੋਈ ਜੀਵ-ਇਸਤ੍ਰੀ (ਮਾਇਆ ਦੇ ਮੋਹ ਵਿਚ) ਭਟਕ ਭਟਕ ਕੇ ਆਤਮਕ ਮੌਤ ਸਹੇੜ ਲੈਂਦੀ ਹੈ।
39711	928	ਕੋਮਲ ਬੰਧਨ ਬਾਧੀਆ ਨਾਨਕ ਕਰਮਹਿ ਲੇਖ॥੧॥	ਬੱਾਧੀਆ	Komal Bandhhan Baadhheeaa Naanak Karamehi Laekh ||1||	O Nanak, all are bound by the attractive bonds of Maya, and the karmic record of past actions. ||1||	ਹੇ ਨਾਨਕ! ਆਪਣੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਉਹ ਜੀਵ-ਇਸਤ੍ਰੀ ਮਾਇਆ ਦੇ ਮੋਹ ਦੀਆਂ ਕੋਮਲ ਫਾਹੀਆਂ ਵਿਚ ਬੱਝੀ ਰਹਿੰਦੀ ਹੈ ॥੧॥
39712	928	ਜੋ ਭਾਣੇ ਸੇ ਮੇਲਿਆ ਵਿਛੋੜੇ ਭੀ ਆਪਿ॥		Jo Bhaanae Sae Maeliaa Vishhorrae Bhee Aap ||	Those who are pleasing to God are united with Him; He separates others from Himself.	ਜਿਹੜੇ ਜੀਵ ਪ੍ਰਭੂ ਨੂੰ ਚੰਗੇ ਲੱਗਣ ਲੱਗ ਪੈਂਦੇ ਹਨ, ਉਹਨਾਂ ਨੂੰ ਉਹ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ, (ਆਪਣੇ ਚਰਨਾਂ ਤੋਂ) ਵਿਛੋੜਦਾ ਭੀ ਆਪ ਹੀ ਹੈ।
39713	928	ਨਾਨਕ ਪ੍ਰਭ ਸਰਣਾਗਤੀ ਜਾ ਕਾ ਵਡ ਪਰਤਾਪੁ॥੨॥	ਸਰਣਾ-ਗਤੀ	Naanak Prabh Saranaagathee Jaa Kaa Vadd Parathaap ||2||	Nanak has entered the Sanctuary of God; His greatness is glorious! ||2||	(ਇਸ ਵਾਸਤੇ, ਹੇ ਨਾਨਕ!) ਉਸ ਪ੍ਰਭੂ ਦੀ ਸਰਨ ਪਏ ਰਹਿਣਾ ਚਾਹੀਦਾ ਹੈ ਜਿਸ ਦਾ ਬਹੁਤ ਵੱਡਾ ਤੇਜ-ਪਰਤਾਪ ਹੈ ॥੨॥
39714	928	ਛੰਤੁ॥		Shhanth ||	Chhant:	ਛੰਤੁ।

39715	928	ਗ੍ਰੀਖਮ ਰੁਤਿ ਅਤਿ ਗਾਖੜੀ ਜੇਠ ਅਖਾੜੈ ਘਾਮ ਜੀਉ॥		Greekham Ruth Ath Gaakharree Jaeth Akhaarrai Ghaam Jeeo ||	In the summer season in the months of Jayt'h and Asaarh the heat is terrible, intense and severe.	(ਹੇ ਸਹੇਲੀਏ! ਜਿਵੇਂ) ਗਰਮੀ ਦੀ ਰੁੱਤ ਬੜੀ ਕਰੜੀ ਹੁੰਦੀ ਹੈ, ਜੇਠ ਹਾੜ ਵਿਚ ਬੜੀ ਧੁੱਪ ਪੈਂਦੀ ਹੈ (ਇਸ ਰੁੱਤੇ ਜੀਅ ਜੰਤ ਬਹੁਤ ਔਖੇ ਹੁੰਦੇ ਹਨ)
39716	928	ਪ੍ਰੇਮ ਬਿਛੋਹੁ ਦੁਹਾਗਣੀ ਦ੍ਰਿਸਟਿ ਨ ਕਰੀ ਰਾਮ ਜੀਉ॥		Praem Bishhohu Dhuhaaganee Dhrisatt N Karee Raam Jeeo ||	The discarded bride is separated from His Love, and the Lord does not even look at her.	(ਤਿਵੇਂ, ਜਿਸ) ਮੰਦੇ ਭਾਗਾਂ ਵਾਲੀ ਜੀਵ-ਇਸਤ੍ਰੀ ਵਲ ਪ੍ਰਭੂ-ਪਤੀ ਨਿਗਾਹ ਨਹੀਂ ਕਰਦਾ ਉਸ ਨੂੰ ਪ੍ਰੇਮ ਦੀ ਅਣਹੋਂਦ ਸਾੜਦੀ ਹੈ।
39717	928	ਨਹ ਦ੍ਰਿਸਟਿ ਆਵੈ ਮਰਤ ਹਾਵੈ ਮਹਾ ਗਾਰਬਿ ਮੁਠੀਆ॥		Neh Dhrisatt Aavai Marath Haavai Mehaa Gaarab Mutheeaa ||	She does not see her Lord, and she dies with an aching sigh; she is defrauded and plundered by her great pride.	ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਨਹੀਂ ਦਿੱਸਦਾ, ਉਹ ਹਾਹੁਕੇ ਲੈ ਲੈ ਮਰਦੀ ਰਹਿੰਦੀ ਹੈ, (ਮਾਇਆ ਦੇ) ਅਹੰਕਾਰ ਵਿਚ ਉਹ ਆਪਣਾ ਆਤਮਕ ਜੀਵਨ ਲੁਟਾ ਬੈਠਦੀ ਹੈ।
39718	928	ਜਲ ਬਾਝੁ ਮਛੁਲੀ ਤੜਫੜਾਵੈ ਸੰਗਿ ਮਾਇਆ ਰੁਠੀਆ॥	ਤੜਫ-ੜਾਵੈ। ਰੁੱਠੀਆ	Jal Baajh Mashhulee Tharrafarraavai Sang Maaeiaa Rutheeaa ||	She flails around, like a fish out of water; attached to Maya, she is alienated from the Lord.	ਮਾਇਆ ਦੇ ਮੋਹ ਵਿਚ ਫਸੀ ਹੋਈ ਉਹ ਪ੍ਰਭੂ-ਪਤੀ ਵਲੋਂ ਰੁੱਸੀ ਰਹਿੰਦੀ ਹੈ (ਤੇ ਸਦਾ ਇਉਂ ਤੜਫਦੀ ਰਹਿੰਦੀ ਹੈ, ਜਿਵੇਂ) ਪਾਣੀ ਤੋਂ ਬਿਨਾ ਮੱਛੀ ਤੜਫਦੀ ਹੈ।

39719	928	ਕਰਿ ਪਾਪ ਜੋਨੀ ਭੈ ਭੀਤ ਹੋਈ ਦੇਇ ਸਾਸਨ ਜਾਮ ਜੀਉ॥	(ਸਾਸਨ)ਸਜ਼ਾ। ਦੇ-ਇ	Kar Paap Jonee Bhai Bheeth Hoee Dhaee Saasan Jaam Jeeo ||	She sins, and so she is fearful of reincarnation; the Messenger of Death will surely punish her.	(ਹੇ ਸਹੇਲੀਏ! ਜਿਹੜੀ ਜੀਵ-ਇਸਤ੍ਰੀ) ਪਾਪ ਕਰ ਕਰ ਕੇ ਘਾਬਰੀ ਰਹਿੰਦੀ ਹੈ, ਉਸ ਨੂੰ ਜਮਰਾਜ ਸਦਾ ਸਜ਼ਾ ਦੇਂਦਾ ਹੈ।
39720	928	ਬਿਨਵੰਤਿ ਨਾਨਕ ਓਟ ਤੇਰੀ ਰਾਖੁ ਪੂਰਨ ਕਾਮ ਜੀਉ॥੩॥	ਬਿਨ-ਵੰਤਿ	Binavanth Naanak Outt Thaeree Raakh Pooran Kaam Jeeo ||3||	Prays Nanak, take me under Your sheltering support, Lord, and protect me; You are the Fulfiller of desire. ||3||	ਨਾਨਕ ਬੇਨਤੀ ਕਰਦਾ ਹੈ-ਹੇ ਸਭ ਦੀਆਂ ਕਾਮਨਾ ਪੂਰੀਆਂ ਕਰਨ ਵਾਲੇ! ਮੈਂ ਤੇਰੀ ਸਰਨ ਆਇਆ ਹਾਂ (ਮੈਨੂੰ ਆਪਣੇ ਚਰਨਾਂ ਵਿਚ ਜੋੜੀ ਰੱਖ) ॥੩॥
39721	928	ਸਲੋਕ॥		Salok ||	Shalok:	
39722	928	ਸਰਧਾ ਲਾਗੀ ਸੰਗਿ ਪ੍ਰੀਤਮੈ ਇਕੁ ਤਿਲੁ ਰਹਣੁ ਨ ਜਾਇ॥		Saradhhaa Laagee Sang Preethamai Eik Thil Rehan N Jaae ||	With loving faith, I am attached to my Beloved; I cannot survive without Him, even for an instant.	ਹੇ ਨਾਨਕ! (ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਆਪਣੇ) ਪ੍ਰੀਤਮ-ਪ੍ਰਭੂ ਨਾਲ ਪਿਆਰ ਬਣਦਾ ਹੈ, ਉਹ ਉਸ (ਪ੍ਰੀਤਮ ਤੋਂ ਬਿਨਾ) ਰਤਾ ਜਿਤਨੇ ਸਮੇ ਲਈ ਭੀ ਨਹੀਂ ਰਹਿ ਸਕਦੀ।
39723	928	ਮਨ ਤਨ ਅੰਤਰਿ ਰਵਿ ਰਹੇ ਨਾਨਕ ਸਹਜਿ ਸੁਭਾਇ॥੧॥		Man Than Anthar Rav Rehae Naanak Sehaj Subhaae ||1||	He is permeating and pervading my mind and body, O Nanak, with intuitive ease. ||1||	ਬਿਨਾ ਕਿਸੇ ਉਚੇਚੇ ਜਤਨ ਦੇ ਹੀ ਉਸ ਦੇ ਮਨ ਵਿਚ ਉਸ ਦੇ ਹਿਰਦੇ ਵਿਚ ਉਹ ਪ੍ਰੀਤਮ ਹਰ ਵੇਲੇ ਟਿਕਿਆ ਰਹਿੰਦਾ ਹੈ ॥੧॥

39724	928	ਕਰੁ ਗਹਿ ਲੀਨੀ ਸਾਜਨਹਿ ਜਨਮ ਜਨਮ ਕੇ ਮੀਤ॥		Kar Gehi Leenee Saajanehi Janam Janam Kae Meeth ||	My Friend has taken me by the hand; He has been my best friend, lifetime after lifetime.	ਅਨੇਕਾਂ ਜਨਮਾਂ ਤੋਂ ਚਲੇ ਆ ਰਹੇ ਮਿੱਤਰ ਸੱਜਣ-ਪ੍ਰਭੂ ਨੇ (ਜਿਸ ਜੀਵ-ਇਸਤ੍ਰੀ ਦਾ) ਹੱਥ ਫੜ ਕੇ (ਉਸ ਨੂੰ ਆਪਣਾ) ਬਣਾ ਲਿਆ।
39725	928	ਚਰਨਹ ਦਾਸੀ ਕਰਿ ਲਈ ਨਾਨਕ ਪ੍ਰਭ ਹਿਤ ਚੀਤ॥੨॥		Charaneh Dhaasee Kar Lee Naanak Prabh Hith Cheeth ||2||	He has made me the slave of His feet; O Nanak, my consciousness is filled with love for God. ||2||	ਹੇ ਨਾਨਕ! ਉਸ ਪ੍ਰਭੂ ਨੇ ਆਪਣਾ ਹਾਰਦਿਕ ਪਿਆਰ ਦੇ ਕੇ ਉਸ (ਜੀਵ-ਇਸਤ੍ਰੀ) ਨੂੰ ਆਪਣੇ ਚਰਨਾਂ ਦੀ ਦਾਸੀ ਬਣਾ ਲਿਆ ॥੨॥
39726	928	ਛੰਤੁ॥		Shhanth ||	Chhant:	ਛੰਤੁ।
39727	928	ਰੁਤਿ ਬਰਸੁ ਸੁਹੇਲੀਆ ਸਾਵਣ ਭਾਦਵੇ ਆਨੰਦ ਜੀਉ॥	ਰੁੱਤਿ	Ruth Baras Suhaeleeaa Saavan Bhaadhavae Aanandh Jeeo ||	The rainy season is beautiful; the months of Saawan and Bhaadon bring bliss.	(ਹੇ ਸਹੇਲੀਏ! ਜਿਵੇਂ) ਵਰਖਾ-ਰੁੱਤ ਬੜੀ ਸੁਖਦਾਈ ਹੁੰਦੀ ਹੈ, ਸਾਵਣ ਭਾਦਰੋਂ ਦੇ ਮਹੀਨਿਆਂ ਵਿਚ (ਵਰਖਾ ਦੇ ਕਾਰਨ) ਬੜੀਆਂ ਮੌਜਾਂ ਬਣੀਆਂ ਰਹਿੰਦੀਆਂ ਹਨ,
39728	928	ਘਣ ਉਨਵਿ ਵੁਠੇ ਜਲ ਥਲ ਪੂਰਿਆ ਮਕਰੰਦ ਜੀਉ॥	(ਉਨ-ਵਿ)ਝੁਕ ਕੇ। ਉਨਵਿ:ਪੋਲਾ ਬੋਲੋ। ਮਕਰੰਦਜਲ	Ghan Ounav Vuthae Jal Thhal Pooriaa Makarandh Jeeo ||	The clouds are low, and heavy with rain; the waters and the lands are filled with honey.	ਬੱਦਲ ਝੁਕ ਝੁਕ ਕੇ ਵਰ੍ਹਦੇ ਹਨ, ਤਲਾਬਾਂ-ਛੱਪੜਾਂ ਵਿਚ, ਧਰਤੀ ਦੇ ਟੋਇਆਂ ਵਿਚ ਹਰ ਥਾਂ ਸੁਗੰਧੀ-ਭਰਿਆ ਪਾਣੀ ਹੀ ਪਾਣੀ ਭਰ ਜਾਂਦਾ ਹੈ,

39729	928	ਪ੍ਰਭੁ ਪੂਰਿ ਰਹਿਆ ਸਰਬ ਠਾਈ ਹਰਿ ਨਾਮ ਨਵ ਨਿਧਿ ਗ੍ਰਿਹ ਭਰੇ॥	ਠਾਂਈਂ	Prabh Poor Rehiaa Sarab Thaaee Har Naam Nav Nidhh Grih Bharae ||	God is all-pervading everywhere; the nine treasures of the Lord's Name fill the homes of all hearts.	(ਤਿਵੇਂ ਜਿਨ੍ਹਾਂ ਦੇ ਹਿਰਦੇ-) ਘਰ ਪਰਮਾਤਮਾ ਦੇ ਨਾਮ ਦੇ ਨੌ ਖ਼ਜ਼ਾਨਿਆਂ ਨਾਲ ਨਕਾ-ਨਕਾ ਭਰ ਜਾਂਦੇ ਹਨ, ਉਹਨਾਂ ਨੂੰ ਪਰਮਾਤਮਾ ਸਭਨੀਂ ਥਾਈਂ ਦਿੱਸਣ ਲੱਗ ਪੈਂਦਾ ਹੈ।
39730	928	ਸਿਮਰਿ ਸੁਆਮੀ ਅੰਤਰਜਾਮੀ ਕੁਲ ਸਮੂਹਾ ਸਭਿ ਤਰੇ॥		Simar Suaamee Antharajaamee Kul Samoohaa Sabh Tharae ||	Meditating in remembrance on the Lord and Master, the Searcher of hearts, all one's ancestry is saved.	ਸਭਨਾਂ ਦੇ ਦਿਲ ਦੀ ਜਾਣਨ ਵਾਲੇ ਮਾਲਕ-ਪ੍ਰਭੂ ਦਾ ਨਾਮ ਸਿਮਰ ਕੇ ਉਹਨਾਂ ਦੀਆਂ ਸਾਰੀਆਂ ਹੀ ਕੁਲਾਂ ਤਰ ਜਾਂਦੀਆਂ ਹਨ।
39731	928	ਪ੍ਰਿਅ ਰੰਗਿ ਜਾਗੇ ਨਹ ਛਿਦ੍ਰ ਲਾਗੇ ਕ੍ਰਿਪਾਲੁ ਸਦ ਬਖਸਿੰਦੁ ਜੀਉ॥	ਬਖ-ਸਿੰਦ	Pria Rang Jaagae Neh Shhidhr Laagae Kirapaal Sadh Bakhasindh Jeeo ||	No blemish sticks to that being who remains awake and aware in the Love of the Lord; the Merciful Lord is forever forgiving.	ਹੇ ਸਹੇਲੀਏ! ਜਿਹੜੇ ਵਡਭਾਗੀ ਪਿਆਰੇ ਪ੍ਰਭੂ ਦੇ ਪ੍ਰੇਮ-ਰੰਗ ਵਿਚ (ਟਿਕ ਕੇ ਮਾਇਆ ਦੇ ਮੋਹ ਦੇ ਹੱਲਿਆਂ ਵੱਲੋਂ) ਸੁਚੇਤ ਹੋ ਜਾਂਦੇ ਹਨ, ਉਹਨਾਂ ਨੂੰ ਵਿਕਾਰਾਂ ਦੇ ਕੋਈ ਦਾਗ਼ ਨਹੀਂ ਲੱਗਦੇ, ਦਇਆ ਦਾ ਘਰ ਪ੍ਰਭੂ ਸਦਾ ਉਹਨਾਂ ਉਤੇ ਤ੍ਰੁੱਠਿਆ ਰਹਿੰਦਾ ਹੈ।

39732	928	ਬਿਨਵੰਤਿ ਨਾਨਕ ਹਰਿ ਕੰਤੁ ਪਾਇਆ ਸਦਾ ਮਨਿ ਭਾਵੰਦੁ ਜੀਉ॥੪॥	ਭਾ–ਵੰਦੁ	Binavanth Naanak Har Kanth Paaeiaa Sadhaa Man Bhaavandh Jeeo ||4||	Prays Nanak, I have found my Husband Lord, who is forever pleasing to my mind. ||4||	ਨਾਨਕ ਬੇਨਤੀ ਕਰਦਾ ਹੈ-ਹੇ ਸਹੇਲੀਏ! ਉਹਨਾਂ ਨੂੰ ਮਨ ਵਿਚ ਸਦਾ ਪਿਆਰਾ ਲੱਗਣ ਵਾਲਾ ਖਸਮ-ਪ੍ਰਭੂ ਮਿਲ ਪੈਂਦਾ ਹੈ ॥੪॥
39733	928	ਸਲੋਕ॥		Salok ||	Shalok:	
39734	928	ਆਸ ਪਿਆਸੀ ਮੈ ਫਿਰਉ ਕਬ ਪੇਖਉ ਗੋਪਾਲ॥		Aas Piaasee Mai Firo Kab Paekho Gopaal ||	Thirsty with desire, I wander around; when will I behold the Lord of the World?	ਹੇ ਨਾਨਕ! (ਪ੍ਰਭੂ ਦੇ ਦਰਸ਼ਨ ਦੀ) ਆਸ (ਰੱਖ ਕੇ) ਦਰਸ਼ਨ ਦੀ ਤਾਂਘ ਨਾਲ ਮੈਂ (ਭਾਲ ਕਰਦੀ) ਫਿਰਦੀ ਹਾਂ ਕਿ ਕਦੋਂ ਮੈਂ ਗੋਪਾਲ-ਪ੍ਰਭੂ ਦਾ ਦਰਸ਼ਨ ਕਰ ਸਕਾਂ।
39735	928	ਹੈ ਕੋਈ ਸਾਜਨੁ ਸੰਤ ਜਨੁ ਨਾਨਕ ਪ੍ਰਭ ਮੇਲਣਹਾਰ॥੧॥		Hai Koee Saajan Santh Jan Naanak Prabh Maelanehaar ||1||	Is there any humble Saint, any friend, O Nanak, who can lead me to meet with God? ||1||	(ਮੈਂ ਭਾਲਦੀ ਹਾਂ ਕਿ) ਕੋਈ ਸੱਜਣ ਸੰਤ ਜਨ ਮੈਨੂੰ ਲੱਭ ਪਏ ਜੋ ਮੈਨੂੰ ਪ੍ਰਭੂ ਨਾਲ ਮਿਲਾਣ ਦੀ ਸਮਰੱਥਾ ਰੱਖਦਾ ਹੋਵੇ ॥੧॥
39736	928	ਬਿਨੁ ਮਿਲਬੇ ਸਾਂਤਿ ਨ ਊਪਜੈ ਤਿਲੁ ਪਲੁ ਰਹਣੁ ਨ ਜਾਇ॥		Bin Milabae Saanth N Oopajai Thil Pal Rehan N Jaae ||	Without meeting Him, I have no peace or tranquility; I cannot survive for a moment, even for an instant.	(ਪਰਮਾਤਮਾ ਨੂੰ) ਮਿਲਣ ਤੋਂ ਬਿਨਾ (ਹਿਰਦੇ ਵਿਚ) ਠੰਢ ਨਹੀਂ ਪੈਂਦੀ, ਰਤਾ ਜਿਤਨੇ ਸਮੇ ਲਈ ਭੀ (ਸ਼ਾਂਤੀ ਨਾਲ) ਰਿਹਾ ਨਹੀਂ ਜਾ ਸਕਦਾ।

39737	928	ਹਰਿ ਸਾਧਹ ਸਰਣਾਗਤੀ ਨਾਨਕ ਆਸ ਪੁਜਾਇ॥੨॥		Har Saadhheh Saranaagathee Naanak Aas Pujaae ||2||	Entering the Sanctuary of the Lord's Holy Saints, O Nanak, my desires are fulfilled. ||2||	ਹੇ ਨਾਨਕ! ਪ੍ਰਭੂ ਦੇ ਸੰਤ ਜਨਾਂ ਦੀ ਸਰਨੀ ਪਿਆਂ (ਕੋਈ ਨ ਕੋਈ ਗੁਰਮੁਖ ਦਰਸ਼ਨ ਦੀ) ਆਸ ਪੂਰੀ ਕਰ (ਹੀ) ਦੇਂਦਾ ਹੈ ॥੨॥
39738	928	ਛੰਤੁ॥		Shhanth ||	Chhant:	
39739	928	ਰੁਤਿ ਸਰਦ ਅਡੰਬਰੋ ਅਸੂ ਕਤਿਕੇ ਹਰਿ ਪਿਆਸ ਜੀਉ॥	ਸਰਦ ਰੁੱਤਿ ਦੀ ਸੋਹਣੀ(ਅਡੰਬਰ)ਬਨਾਵਟ ਬਣੀ ਹੈ। ਅੱਸੂ। ਕੱਤਿ-ਕੇ	Ruth Saradh Addanbaro Asoo Kathakae Har Piaas Jeeo ||	In the cool, autumn season, in the months of Assu and Katik, I am thirsty for the Lord.	ਛੰਤੁ! (ਹੇ ਸਹੇਲੀਏ! ਜਦੋਂ) ਅੱਸੂ ਕੱਤਕ ਵਿਚ ਮਿੱਠੀ ਮਿੱਠੀ ਰੁੱਤ ਦਾ ਆਰੰਭ ਹੁੰਦਾ ਹੈ, (ਤਦੋਂ ਹਿਰਦੇ ਵਿਚ) ਪ੍ਰਭੂ (ਦੇ ਮਿਲਾਪ) ਦੀ ਤਾਂਘ ਉਪਜਦੀ ਹੈ।
39740	928	ਖੋਜੰਤੀ ਦਰਸਨੁ ਫਿਰਤ ਕਬ ਮਿਲੀਐ ਗੁਣਤਾਸ ਜੀਉ॥		Khojanthee Dharasan Firath Kab Mileeai Gunathaas Jeeo ||	Searching for the Blessed Vision of His Darshan, I wander around wondering, when will I meet my Lord, the treasure of virtue?	(ਜਿਸ ਜੀਵ-ਇਸਤ੍ਰੀ ਦੇ ਅੰਦਰ ਇਹ ਬਿਰਹੋਂ ਅਵਸਥਾ ਪੈਦਾ ਹੁੰਦੀ ਹੈ, ਉਹ) ਦੀਦਾਰ ਕਰਨ ਵਾਸਤੇ ਭਾਲ ਕਰਦੀ ਫਿਰਦੀ ਹੈ ਕਿ ਗੁਣਾਂ ਦੇ ਖ਼ਜ਼ਾਨੇ-ਪ੍ਰਭੂ ਨਾਲ ਕਦੋਂ ਮੇਲ ਹੋਵੇ।
39741	928	ਬਿਨੁ ਕੰਤ ਪਿਆਰੇ ਨਹ ਸੂਖ ਸਾਰੇ ਹਾਰ ਕੰਙਣ ਧ੍ਰਿਗੁ ਬਨਾ॥		Bin Kanth Piaarae Neh Sookh Saarae Haar Kann(g)an Dhhrig Banaa ||	Without my Beloved Husband Lord, I find no peace, and all my necklaces and bracelets become cursed.	(ਹੇ ਸਹੇਲੀਏ!) ਪਿਆਰੇ ਖਸਮ (ਦੇ ਮਿਲਾਪ) ਤੋਂ ਬਿਨਾ (ਉਸ ਦੇ ਮਿਲਾਪ ਦੇ) ਸੁਖ ਦੀ ਸਾਰ ਨਹੀਂ ਪੈ ਸਕਦੀ, ਹਾਰ ਕੰਙਣ (ਆਦਿਕ ਸਿੰਗਾਰ ਸਗੋਂ) ਦੁਖਦਾਈ ਲੱਗਦੇ ਹਨ।

39742	928	ਸੁੰਦਰਿ ਸੁਜਾਣਿ ਚਤੁਰਿ ਬੇਤੀ ਸਾਸ ਬਿਨੁ ਜੈਸੇ ਤਨਾ॥		Sundhar Sujaan Chathur Baethee Saas Bin Jaisae Thanaa ||	So beautiful, so wise, so clever and knowing; still, without the breath, it is just a body.	ਇਸਤ੍ਰੀ ਸੋਹਣੀ ਹੋਵੇ, ਸਿਆਣੀ ਹੋਵੇ, ਚਤੁਰ ਹੋਵੇ, ਵਿੱਦਿਆ-ਵਤੀ ਹੋਵੇ (ਪਤੀ ਦੇ ਮਿਲਾਪ ਤੋਂ ਬਿਨਾ ਇਉਂ ਹੀ ਹੈ, ਜਿਵੇਂ) ਸਾਹ ਆਉਣ ਤੋਂ ਬਿਨਾ ਸਰੀਰ।
39743	928	ਈਤ ਉਤ ਦਹ ਦਿਸ ਅਲੋਕਨ ਮਨਿ ਮਿਲਨ ਕੀ ਪ੍ਰਭ ਪਿਆਸ ਜੀਉ॥		Eeth Outh Dheh Dhis Alokan Man Milan Kee Prabh Piaas Jeeo ||	I look here and there, in the ten directions; my mind is so thirsty to meet God!	(ਇਹੀ ਹਾਲ ਹੁੰਦਾ ਹੈ ਜੀਵ-ਇਸਤ੍ਰੀ ਦਾ, ਜੇ ਪ੍ਰਭੂ-ਮਿਲਾਪ ਤੋਂ ਵਾਂਜੀ ਰਹੇ) ਆਸੇ ਪਾਸੇ ਦਸੀਂ ਪਾਸੀਂ ਵੇਖ-ਭਾਲ ਕਰਦੀ ਹੈ, ਉਸ ਦੇ ਮਨ ਵਿਚ ਪ੍ਰਭੂ ਨੂੰ ਮਿਲਣ ਦੀ ਤਾਂਘ ਬਣੀ ਰਹਿੰਦੀ ਹੈ।
39744	928	ਬਿਨਵੰਤਿ ਨਾਨਕ ਧਾਰਿ ਕਿਰਪਾ ਮੇਲਹੁ ਪ੍ਰਭ ਗੁਣਤਾਸ ਜੀਉ॥੫॥		Binavanth Naanak Dhhaar Kirapaa Maelahu Prabh Gunathaas Jeeo ||5||	Prays Nanak, shower Your Mercy upon me; unite me with Yourself, O God, O treasure of virtue. ||5||	ਨਾਨਕ ਬੇਨਤੀ ਕਰਦਾ ਹੈ-(ਉਹ ਸੰਤ ਜਨਾਂ ਅੱਗੇ ਬੇਨਤੀ ਕਰਦੀ ਰਹਿੰਦੀ ਹੈ-ਹੇ ਸੰਤ ਜਨੋਂ!) ਕਿਰਪਾ ਕਰ ਕੇ ਮੈਨੂੰ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਨਾਲ ਮਿਲਾ ਦਿਉ ॥੫॥
39745	928	ਸਲੋਕ॥		Salok ||	Shalok:	
39746	928	ਜਲਨਿ ਬੁਝੀ ਸੀਤਲ ਭਏ ਮਨਿ ਤਨਿ ਉਪਜੀ ਸਾਂਤਿ॥	ਬੂਝੀ:ਪੋਲਾ ਬੋਲੋ	Jalan Bujhee Seethal Bheae Man Than Oupajee Saanth ||	The fire of desire is cooled and quenched; my mind and body are filled with peace and tranquility.	(ਜਿਨ੍ਹਾਂ ਮਨੁੱਖਾਂ ਨੂੰ) ਪੂਰਨ ਪ੍ਰਭੂ ਜੀ ਮਿਲ ਪਏ (ਉਹਨਾਂ ਦੇ ਅੰਦਰੋਂ) ਹੋਰ ਹੋਰ ਪਾਸੇ ਦੀ ਭਟਕਣਾ ਦੂਰ ਹੋ ਗਈ; (ਉਹਨਾਂ ਦੇ ਅੰਦਰੋਂ) ਤ੍ਰਿਸ਼ਨਾ ਦੀ ਅੱਗ ਬੁੱਝ ਗਈ,

39747	928	ਨਾਨਕ ਪ੍ਰਭ ਪੂਰਨ ਮਿਲੇ ਦੁਤੀਆ ਬਿਨਸੀ ਭ੍ਰਾਂਤਿ॥੧॥		Naanak Prabh Pooran Milae Dhutheeaa Binasee Bhraanth ||1||	O Nanak, I have met my Perfect God; the illusion of duality is dispelled. ||1||	(ਉਹਨਾਂ ਦੇ ਹਿਰਦੇ) ਠੰਢੇ-ਠਾਰ ਹੋ ਗਏ, ਹੇ ਨਾਨਕ! (ਉਹਨਾਂ ਦੇ) ਮਨ ਵਿਚ (ਉਹਨਾਂ ਦੇ) ਤਨ ਵਿਚ ਸ਼ਾਂਤੀ ਪੈਦਾ ਹੋ ਗਈ ॥੧॥
39748	929	ਸਾਧ ਪਠਾਏ ਆਪਿ ਹਰਿ ਹਮ ਤੁਮ ਤੇ ਨਾਹੀ ਦੂਰਿ॥		Saadhh Pathaaeae Aap Har Ham Thum Thae Naahee Dhoor ||	The Lord Himself sent His Holy Saints, to tell us that He is not far away.	ਪ੍ਰਭੂ ਨੇ ਆਪ (ਹੀ) ਗੁਰੂ ਨੂੰ (ਜਗਤ ਵਿਚ) ਭੇਜਿਆ। (ਗੁਰੂ ਨੇ ਆ ਕੇ ਦੱਸਿਆ ਕਿ) ਪਰਮਾਤਮਾ ਅਸਾਂ ਜੀਵਾਂ ਤੋਂ ਦੂਰ ਨਹੀਂ ਹੈ।
39749	929	ਨਾਨਕ ਭ੍ਰਮ ਭੈ ਮਿਟਿ ਗਏ ਰਮਣ ਰਾਮ ਭਰਪੂਰਿ॥੨॥		Naanak Bhram Bhai Mitt Geae Raman Raam Bharapoor ||2||	O Nanak, doubt and fear are dispelled, chanting the Name of the all-pervading Lord. ||2||	ਹੇ ਨਾਨਕ! (ਗੁਰੂ ਨੇ ਦੱਸਿਆ ਕਿ) ਸਰਬ-ਵਿਆਪਕ ਪਰਮਾਤਮਾ ਦਾ ਸਿਮਰਨ ਕਰਨ ਨਾਲ ਮਨ ਦੀਆਂ ਭਟਕਣਾਂ ਅਤੇ ਸਾਰੇ ਡਰ ਦੂਰ ਹੋ ਜਾਂਦੇ ਹਨ ॥੨॥
39750	929	ਛੰਤੁ॥		Shhanth ||	Chhant:	ਛੰਤੁ।
39751	929	ਰੁਤਿ ਸਿਸੀਅਰ ਸੀਤਲ ਹਰਿ ਪ੍ਰਗਟੇ ਮੰਘਰ ਪੋਹਿ ਜੀਉ॥		Ruth Siseear Seethal Har Pragattae Manghar Pohi Jeeo ||	In the cold season of Maghar and Poh, the Lord reveals Himself.	ਮੰਘਰ ਮੋਹ ਦੇ ਮਹੀਨੇ ਵਿਚ ਸਿਆਲ ਦੀ ਰੁੱਤ (ਆ ਕੇ) ਠੰਢ ਵਰਤਾਂਦੀ ਹੈ, (ਇਸੇ ਤਰ੍ਹਾਂ ਜਿਸ ਜੀਵ ਦੇ ਹਿਰਦੇ ਵਿਚ) ਪਰਮਾਤਮਾ ਦਾ ਪਰਕਾਸ਼ ਆ ਹੁੰਦਾ ਹੈ।

39752	929	ਜਲਨਿ ਬੁਝੀ ਦਰਸੁ ਪਾਇਆ ਬਿਨਸੇ ਮਾਇਆ ਧ੍ਰੋਹ ਜੀਉ॥	ਬੁਝੀ:ਪੋਲਾ ਬੋਲੋ	Jalan Bujhee Dharas Paaeiaa Binasae Maaeiaa Dhhroh Jeeo ||	My burning desires were quenched, when I obtained the Blessed Vision of His Darshan; the fraudulent illusion of Maya is gone.	ਜਿਹੜਾ ਮਨੁੱਖ ਪਰਮਾਤਮਾ ਦਾ ਦਰਸ਼ਨ ਕਰ ਲੈਂਦਾ ਹੈ, ਉਸ ਦੇ ਅੰਦਰੋਂ ਤ੍ਰਿਸ਼ਨਾ ਦੀ ਅੱਗ ਬੁੱਝ ਜਾਂਦੀ ਹੈ, ਉਸ ਦੇ ਅੰਦਰੋਂ ਮਾਇਆ ਦੇ ਵਲ-ਛਲ ਮੁੱਕ ਜਾਂਦੇ ਹਨ।
39753	929	ਸਭਿ ਕਾਮ ਪੂਰੇ ਮਿਲਿ ਹਜੂਰੇ ਹਰਿ ਚਰਣ ਸੇਵਕਿ ਸੇਵਿਆ॥		Sabh Kaam Poorae Mil Hajoorae Har Charan Saevak Saeviaa ||	All my desires have been fulfilled, meeting the Lord face-to-face; I am His servant, I serve at His feet.	ਪ੍ਰਭੂ ਦੀ ਹਜ਼ੂਰੀ ਵਿਚ ਟਿਕ ਕੇ ਪ੍ਰਭੂ ਦੇ ਜਿਸ ਚਰਨ-ਸੇਵਕ ਨੇ ਪ੍ਰਭੂ ਦੀ ਸੇਵਾ-ਭਗਤੀ ਕੀਤੀ, ਉਸ ਦੀਆਂ ਮਨੋ-ਕਾਮਨਾਂ ਪੂਰੀਆਂ ਹੋ ਜਾਂਦੀਆਂ ਹਨ।
39754	929	ਹਾਰ ਡੋਰ ਸੀਗਾਰ ਸਭਿ ਰਸ ਗੁਣ ਗਾਉ ਅਲਖ ਅਭੇਵਿਆ॥	ਅ-ਲਖ	Haar Ddor Seegaar Sabh Ras Gun Gaao Alakh Abhaeviaa ||	My necklaces, hair-ties, all decorations and adornments, are in singing the Glorious Praises of the unseen, mysterious Lord.	(ਜਿਵੇਂ ਪਤੀ-ਮਿਲਾਪ ਨਾਲ ਇਸਤ੍ਰੀ ਦੇ) ਹਾਰ ਡੋਰ ਆਦਿਕ ਸਾਰੇ ਸ਼ਿੰਗਾਰ (ਸਫਲ ਹੋ ਜਾਂਦੇ ਹਨ, ਇਸੇ ਤਰ੍ਹਾਂ ਪ੍ਰਭੂ-ਪਤੀ ਦੇ ਮਿਲਾਪ ਵਿਚ ਹੀ ਜੀਵ-ਇਸਤ੍ਰੀ ਲਈ) ਸਾਰੇ ਆਨੰਦ ਹਨ (ਤਾਂ ਤੇ, ਹੇ ਭਾਈ!) ਅਲੱਖ ਅਭੇਵ ਪ੍ਰਭੂ ਦੇ ਗੁਣ ਗਾਂਦੇ ਰਿਹਾ ਕਰੋ।
39755	929	ਭਾਉ ਭਗਤਿ ਗੋਵਿੰਦ ਬਾਂਛਤ ਜਮੁ ਨ ਸਾਕੈ ਜੋਹਿ ਜੀਉ॥		Bhaao Bhagath Govindh Baanshhath Jam N Saakai Johi Jeeo ||	I long for loving devotion to the Lord of the Universe, and so the Messenger of Death cannot even see me.	ਗੋਬਿੰਦ ਦਾ ਪ੍ਰੇਮ ਮੰਗਦਿਆਂ ਗੋਬਿੰਦ ਦੀ ਭਗਤੀ (ਦੀ ਦਾਤਿ) ਮੰਗਦਿਆਂ ਮੌਤ ਦਾ ਸਹਿਮ ਕਦੇ ਪੋਹ ਨਹੀਂ ਸਕਦਾ।

39756	929	ਬਿਨਵੰਤਿ ਨਾਨਕ ਪ੍ਰਭਿ ਆਪਿ ਮੇਲੀ ਤਹ ਨ ਪ੍ਰੇਮ ਬਿਛੋਹ ਜੀਉ॥੬॥		Binavanth Naanak Prabh Aap Maelee Theh N Praem Bishhoh Jeeo ||6||	Prays Nanak, God has united me with Himself; I shall never suffer separation from my Beloved again. ||6||	ਨਾਨਕ ਬੇਨਤੀ ਕਰਦਾ ਹੈ-ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ ਨੇ ਆਪ ਆਪਣੇ ਚਰਨਾਂ ਵਿਚ ਜੋੜ ਲਿਆ, ਉਸ ਦੇ ਹਿਰਦੇ ਵਿਚ ਪ੍ਰਭੂ-ਪਿਆਰ ਦੀ ਅਣਹੋਂਦ ਨਹੀਂ ਹੁੰਦੀ ॥੬॥
39757	929	ਸਲੋਕ॥		Salok ||	Shalok:	
39758	929	ਹਰਿ ਧਨੁ ਪਾਇਆ ਸੋਹਾਗਣੀ ਡੋਲਤ ਨਾਹੀ ਚੀਤ॥		Har Dhhan Paaeiaa Sohaaganee Ddolath Naahee Cheeth ||	The happy soul bride has found the wealth of the Lord; her consciousness does not waver.	ਉਸ ਦਾ ਚਿੱਤ (ਕਦੇ ਮਾਇਆ ਵਾਲੇ ਪਾਸੇ) ਡੋਲਦਾ ਨਹੀਂ, ਜਿਸ ਭਾਗਾਂ ਵਾਲੀ ਜੀਵ-ਇਸਤ੍ਰੀ ਨੇ ਪ੍ਰਭੂ ਦਾ ਨਾਮ-ਧਨ ਹਾਸਲ ਕਰ ਲਿਆ,
39759	929	ਸੰਤ ਸੰਜੋਗੀ ਨਾਨਕਾ ਗ੍ਰਿਹਿ ਪ੍ਰਗਟੇ ਪ੍ਰਭ ਮੀਤ॥੧॥	ਗ੍ਰਿਹਿ	Santh Sanjogee Naanakaa Grihi Pragattae Prabh Meeth ||1||	Joining together with the Saints, O Nanak, God, my Friend, has revealed Himself in my home. ||1||	ਹੇ ਨਾਨਕ! ਜਿਸ ਜੀਵ-ਇਸਤ੍ਰੀ ਦੇ ਹਿਰਦੇ-ਘਰ ਵਿਚ ਸੰਤਾਂ ਦੀ ਸੰਗਤ ਦੀ ਬਰਕਤਿ ਨਾਲ ਮਿੱਤਰ ਪ੍ਰਭੂ ਜੀ ਪਰਗਟ ਹੋ ਪਏ ॥੧॥
39760	929	ਨਾਦ ਬਿਨੋਦ ਅਨੰਦ ਕੋਡ ਪ੍ਰਿਅ ਪ੍ਰੀਤਮ ਸੰਗਿ ਬਨੇ॥		Naadh Binodh Anandh Kodd Pria Preetham Sang Banae ||	With her Beloved Husband Lord, she enjoys millions of melodies, pleasures and joys.	ਪਿਆਰੇ ਪ੍ਰੀਤਮ-ਪ੍ਰਭੂ ਦੇ ਚਰਨਾਂ ਵਿਚ ਜੁੜਿਆਂ (ਮਾਨੋ, ਅਨੇਕਾਂ) ਰਾਗਾਂ ਤਮਾਸ਼ਿਆਂ ਤੇ ਕੌਤਕਾਂ ਦੇ ਆਨੰਦ (ਮਾਣ ਲਈਦੇ ਹਨ)।

39761	929	ਮਨ ਬਾਂਛਤ ਫਲ ਪਾਇਆ ਹਰਿ ਨਾਨਕ ਨਾਮ ਭਨੇ॥੨॥		Man Baanshhath Fal Paaeiaa Har Naanak Naam Bhanae ||2||	The fruits of the mind's desires are obtained, O Nanak, chanting the Lord's Name. ||2||	ਹੇ ਨਾਨਕ! ਪਰਮਾਤਮਾ ਦਾ ਨਾਮ ਉਚਾਰਿਆਂ ਮਨ-ਮੰਗੀਆਂ ਮੁਰਾਦਾਂ ਮਿਲ ਜਾਂਦੀਆਂ ਹਨ ॥੨॥
39762	929	ਛੰਤੁ॥		Shhanth ||	Chhant:	ਛੰਤੁ।
39763	929	ਹਿਮਕਰ ਰੁਤਿ ਮਨਿ ਭਾਵਤੀ ਮਾਘੁ ਫਗਣੁ ਗੁਣਵੰਤ ਜੀਉ॥	ਰੁੱਤਿ ਫੱਗਣੁ	Himakar Ruth Man Bhaavathee Maagh Fagan Gunavanth Jeeo ||	The snowy winter season, the months of Maagh and Phagun, are pleasing and ennobling to the mind.	(ਹੇ ਸਹੇਲੀਓ!) ਮਾਘ (ਦਾ ਮਹੀਨਾ) ਫੱਗਣ (ਦਾ ਮਹੀਨਾ, ਇਹ ਦੋਵੇਂ ਭੀ ਬੜੀਆਂ) ਖ਼ੂਬੀਆਂ ਵਾਲੇ ਹਨ, (ਇਹਨਾਂ ਮਹੀਨਿਆਂ ਦੀ) ਬਰਫ਼ਾਨੀ ਰੁੱਤ ਮਨਾਂ ਵਿਚ ਪਿਆਰੀ ਲੱਗਦੀ ਹੈ, (ਇਸੇ ਤਰ੍ਹਾਂ ਜਿਸ ਹਿਰਦੇ ਵਿਚ ਠੰਢ ਦਾ ਪੁੰਜ ਪ੍ਰਭੂ ਆ ਵੱਸਦਾ ਹੈ, ਉਥੇ ਭੀ ਵਿਕਾਰਾਂ ਦੀ ਤਪਸ਼ ਮੁੱਕ ਜਾਂਦੀ ਹੈ)।
39764	929	ਸਖੀ ਸਹੇਲੀ ਗਾਉ ਮੰਗਲੋ ਗ੍ਰਿਹਿ ਆਏ ਹਰਿ ਕੰਤ ਜੀਉ॥		Sakhee Sehaelee Gaao Mangalo Grihi Aaeae Har Kanth Jeeo ||	O my friends and companions, sing the songs of joy; my Husband Lord has come into my home.	ਹੇ ਸਹੇਲੀਓ! ਤੁਸੀ (ਸ਼ਾਂਤੀ ਦੇ ਸੋਮੇ ਪਰਮਾਤਮਾ ਦੀ) ਸਿਫ਼ਤ-ਸਾਲਾਹ ਦਾ ਗੀਤ ਗਾਇਆ ਕਰੋ। (ਜਿਹੜੀ-ਜੀਵ-ਇਸਤ੍ਰੀ ਇਹ ਉੱਦਮ ਕਰਦੀ ਹੈ, ਉਸ ਦੇ) ਹਿਰਦੇ-ਘਰ ਵਿਚ ਪ੍ਰਭੂ-ਪਤੀ ਆ ਪਰਗਟਦਾ ਹੈ।

39765	929	ਗ੍ਰਿਹਿ ਲਾਲ ਆਏ ਮਨਿ ਧਿਆਏ ਸੇਜ ਸੁੰਦਰਿ ਸੋਹੀਆ॥		Grihi Laal Aaeae Man Dhhiaaeae Saej Sundhar Soheeaa ||	My Beloved has come into my home; I meditate on Him in my mind. The bed of my heart is beautifully adorned.	ਹੇ ਸਹੇਲੀਓ! (ਜਿਸ ਜੀਵ-ਇਸਤ੍ਰੀ ਦੇ ਹਿਰਦੇ-ਘਰ ਵਿਚ) ਪ੍ਰੀਤਮ ਪ੍ਰਭੂ ਜੀ ਆ ਵੱਸਦੇ ਹਨ, (ਜਿਹੜੀ ਜੀਵ-ਇਸਤ੍ਰੀ ਆਪਣੇ) ਮਨ ਵਿਚ ਪ੍ਰਭੂ-ਪਤੀ ਦਾ ਧਿਆਨ ਧਰਦੀ ਹੈ, (ਉਸ ਦੇ ਹਿਰਦੇ ਦੀ) ਸੇਜ ਸੋਹਣੀ ਸੁੰਦਰ ਹੋ ਜਾਂਦੀ ਹੈ।
39766	929	ਵਣੁ ਤ੍ਰਿਣੁ ਤ੍ਰਿਭਵਣ ਭਏ ਹਰਿਆ ਦੇਖਿ ਦਰਸਨ ਮੋਹੀਆ॥		Van Thrin Thribhavan Bheae Hariaa Dhaekh Dharasan Moheeaa ||	The woods, the meadows and the three worlds have blossomed forth in their greenery; gazing upon the Blessed Vision of His Darshan, I am fascinated.	ਉਹ ਜੀਵ-ਇਸਤ੍ਰੀ (ਉਸ ਸਰਬ-ਵਿਆਪਕ ਦਾ) ਦਰਸ਼ਨ ਕਰ ਕੇ ਮਸਤ ਰਹਿੰਦੀ ਹੈ, ਉਸ ਨੂੰ ਜੰਗਲ, ਘਾਹ-ਬੂਟ, ਤਿੰਨ ਭਵਨ ਹਰੇ-ਭਰੇ ਦਿੱਸਦੇ ਹਨ।
39767	929	ਮਿਲੇ ਸੁਆਮੀ ਇਛ ਪੁੰਨੀ ਮਨਿ ਜਪਿਆ ਨਿਰਮਲ ਮੰਤ ਜੀਉ॥		Milae Suaamee Eishh Punnee Man Japiaa Niramal Manth Jeeo ||	I have met my Lord and Master, and my desires are fulfilled; my mind chants His Immaculate Mantra.	ਹੇ ਸਹੇਲੀਓ! ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਮਿਲ ਪੈਂਦਾ ਹੈ, ਜਿਹੜੀ ਜੀਵ-ਇਸਤ੍ਰੀ ਆਪਣੇ ਮਨ ਵਿਚ ਉਸ ਦਾ ਪਵਿੱਤਰ ਨਾਮ-ਮੰਤ੍ਰ ਜਪਦੀ ਹੈ, ਉਸ ਦੀ ਹਰੇਕ ਮਨੋ-ਕਾਮਨਾ ਪੂਰੀ ਹੋ ਜਾਂਦੀ ਹੈ।

39768	929	ਬਿਨਵੰਤਿ ਨਾਨਕ ਨਿਤ ਕਰਹੁ ਰਲੀਆ ਹਰਿ ਮਿਲੇ ਸ੍ਰੀਧਰ ਕੰਤ ਜੀਉ॥੭॥		Binavanth Naanak Nith Karahu Raleeaa Har Milae Sreedhhar Kanth Jeeo ||7||	Prays Nanak, I celebrate continuously; I have met my Husband Lord, the Lord of excellence. ||7||	ਨਾਨਕ ਬੇਨਤੀ ਕਰਦਾ ਹੈ-ਹੇ ਸਹੇਲੀਓ! ਤੁਸੀ ਭੀ ਮਾਇਆ ਦੇ ਆਸਰੇ ਪ੍ਰਭੂ-ਪਤੀ ਨੂੰ ਮਿਲ ਕੇ ਸਦਾ ਆਤਮਕ ਆਨੰਦ ਮਾਣਿਆ ਕਰੋ ॥੭॥
39769	929	ਸਲੋਕ॥		Salok ||	Shalok:	
39770	929	ਸੰਤ ਸਹਾਈ ਜੀਅ ਕੇ ਭਵਜਲ ਤਾਰਣਹਾਰ॥		Santh Sehaaee Jeea Kae Bhavajal Thaaranehaar ||	The Saints are the helpers, the support of the soul; they carry us cross the terrifying world-ocean.	ਸੰਤ ਜਨ (ਜੀਵਾਂ ਦੀ) ਜਿੰਦ ਦੇ ਮਦਦਗਾਰ (ਬਣਦੇ ਹਨ), (ਜੀਵਾਂ ਨੂੰ) ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੀ ਸਮਰੱਥਾ ਰੱਖਦੇ ਹਨ।
39771	929	ਸਭ ਤੇ ਊਚੇ ਜਾਣੀਅਹਿ ਨਾਨਕ ਨਾਮ ਪਿਆਰ॥੧॥	ਜਾਣੀ-ਅਹਿ	Sabh Thae Oochae Jaaneeahi Naanak Naam Piaar ||1||	Know that they are the highest of all; O Nanak, they love the Naam, the Name of the Lord. ||1||	ਹੇ ਨਾਨਕ! ਪਰਮਾਤਮਾ ਦੇ ਨਾਮ ਨਾਲ ਪਿਆਰ ਕਰਨ ਵਾਲੇ (ਗੁਰਮੁਖ ਜਗਤ ਵਿਚ ਹੋਰ) ਸਭ ਪ੍ਰਾਣੀਆਂ ਤੋਂ ਸ੍ਰੇਸ਼ਟ ਮੰਨੇ ਜਾਂਦੇ ਹਨ ॥੧॥
39772	929	ਜਿਨ ਜਾਨਿਆ ਸੇਈ ਤਰੇ ਸੇ ਸੂਰੇ ਸੇ ਬੀਰ॥		Jin Jaaniaa Saeee Tharae Sae Soorae Sae Beer ||	Those who know Him, cross over; they are the brave heroes, the heroic warriors.	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ, ਉਹੀ (ਅਸਲ) ਸੂਰਮੇ ਹਨ, ਉਹੀ (ਅਸਲ) ਬਹਾਦਰ ਹਨ।

39773	929	ਨਾਨਕ ਤਿਨ ਬਲਿਹਾਰਨੈ ਹਰਿ ਜਪਿ ਉਤਰੇ ਤੀਰ॥੨॥		Naanak Thin Balihaaranai Har Jap Outharae Theer ||2||	Nanak is a sacrifice to those who meditate on the Lord, and cross over to the other shore. ||2||	ਹੇ ਨਾਨਕ! ਜਿਹੜੇ ਮਨੁੱਖ ਪਰਮਾਤਮਾ ਦਾ ਨਾਮ ਜਪ ਕੇ (ਸੰਸਾਰ-ਸਮੁੰਦਰ ਦੇ) ਪਾਰਲੇ ਕੰਢੇ ਪਹੁੰਚ ਗਏ, ਮੈਂ ਉਹਨਾਂ ਤੋਂ ਸਦਕੇ ਜਾਂਦਾ ਹਾਂ ॥੨॥
39774	929	ਛੰਤੁ॥		Shhanth ||	Chhant:	ਛੰਤੁ।
39775	929	ਚਰਣ ਬਿਰਾਜਿਤ ਸਭ ਊਪਰੇ ਮਿਟਿਆ ਸਗਲ ਕਲੇਸੁ ਜੀਉ॥		Charan Biraajith Sabh Ooparae Mittiaa Sagal Kalaes Jeeo ||	His feet are exalted above all. They eradicate all suffering.	(ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਸਦਾ ਪ੍ਰਭੂ ਦੇ) ਚਰਨ ਟਿਕੇ ਰਹਿੰਦੇ ਹਨ, ਤੇ ਹੋਰ ਮਾਇਕ ਸੰਕਲਪ ਪ੍ਰਭੂ ਦੀ ਯਾਦ ਤੋਂ ਹੇਠਾਂ ਰਹਿੰਦੇ ਹਨ, (ਉਹਨਾਂ ਦੇ ਅੰਦਰੋਂ ਹਰੇਕ ਕਿਸਮ ਦਾ) ਸਾਰਾ ਦੁੱਖ ਮਿਟ ਜਾਂਦਾ ਹੈ।
39776	929	ਆਵਣ ਜਾਵਣ ਦੁਖ ਹਰੇ ਹਰਿ ਭਗਤਿ ਕੀਆ ਪਰਵੇਸੁ ਜੀਉ॥		Aavan Jaavan Dhukh Harae Har Bhagath Keeaa Paravaes Jeeo ||	They destroy the pains of coming and going. They bring loving devotion to the Lord.	ਜਿਨ੍ਹਾਂ ਦੇ ਅੰਦਰ ਪਰਮਾਤਮਾ ਦੀ ਭਗਤੀ ਆ ਵੱਸਦੀ ਹੈ, ਉਹਨਾਂ ਦੇ ਜਨਮ ਮਰਨ ਦੇ ਦੁੱਖ-ਕਲੇਸ਼ ਖ਼ਤਮ ਹੋ ਜਾਂਦੇ ਹਨ।
39777	929	ਹਰਿ ਰੰਗਿ ਰਾਤੇ ਸਹਜਿ ਮਾਤੇ ਤਿਲੁ ਨ ਮਨ ਤੇ ਬੀਸਰੈ॥		Har Rang Raathae Sehaj Maathae Thil N Man Thae Beesarai ||	Imbued with the Lord's Love, one is intoxicated with intuitive peace and poise, and does not forget the Lord from his mind, even for an instant.	ਉਹ ਮਨੁੱਖ ਪ੍ਰਭੂ ਦੇ ਪ੍ਰੇਮ-ਰੰਗ ਵਿਚ (ਸਦਾ) ਰੰਗੇ ਰਹਿੰਦੇ ਹਨ, ਉਹ ਆਤਮਕ ਅਡੋਲਤਾ ਵਿਚ (ਸਦਾ) ਮਸਤ ਰਹਿੰਦੇ ਹਨ, ਪਰਮਾਤਮਾ ਦਾ ਨਾਮ ਉਹਨਾਂ ਦੇ ਮਨ ਤੋਂ ਰਤਾ ਭਰ ਸਮੇ ਲਈ ਭੀ ਨਹੀਂ ਭੁੱਲਦਾ।

39778	929	ਤਜਿ ਆਪੁ ਸਰਣੀ ਪਰੇ ਚਰਨੀ ਸਰਬ ਗੁਣ ਜਗਦੀਸਰੈ॥	ਜੱਗਦੀਸਰੈ	Thaj Aap Saranee Parae Charanee Sarab Gun Jagadheesarai ||	Shedding my self-conceit, I have entered the Sanctuary of His Feet; all virtues rest in the Lord of the Universe.	ਉਹ ਮਨੁੱਖ ਆਪਾ-ਭਾਵ ਤਿਆਗ ਕੇ ਸਭ ਗੁਣਾਂ ਦੇ ਮਾਲਕ ਪਰਮਾਤਮਾ ਦੇ ਚਰਨਾਂ ਦੀ ਸਰਨ ਪਏ ਰਹਿੰਦੇ ਹਨ।
39779	929	ਗੋਵਿੰਦ ਗੁਣ ਨਿਧਿ ਸ੍ਰੀਰੰਗ ਸੁਆਮੀ ਆਦਿ ਕਉ ਆਦੇਸੁ ਜੀਉ॥		Govindh Gun Nidhh Sreerang Suaamee Aadh Ko Aadhaes Jeeo ||	I bow in humility to the Lord of the Universe, the treasure of virtue, the Lord of excellence, our Primal Lord and Master.	ਹੇ ਭਾਈ! ਗੁਣਾਂ ਦੇ ਖ਼ਜ਼ਾਨੇ, ਮਾਇਆ ਦੇ ਪਤੀ, ਸਾਰੀ ਸ੍ਰਿਸ਼ਟੀ ਦੇ ਮੁੱਢ ਸੁਆਮੀ ਗੋਬਿੰਦ ਨੂੰ ਸਦਾ ਨਮਸਕਾਰ ਕਰਿਆ ਕਰ।
39780	929	ਬਿਨਵੰਤਿ ਨਾਨਕ ਮਇਆ ਧਾਰਹੁ ਜੁਗੁ ਜੁਗੋ ਇਕ ਵੇਸੁ ਜੀਉ॥੮॥੧॥੬॥੮॥		Binavanth Naanak Maeiaa Dhhaarahu Jug Jugo Eik Vaes Jeeo ||8||1||6||8||	Prays Nanak, shower me with Your Mercy, Lord; throughout the ages, You take the same form. ||8||1||6||8||	ਨਾਨਕ ਬੇਨਤੀ ਕਰਦਾ ਹੈ (ਅਰਦਾਸ ਕਰ-ਹੇ ਪ੍ਰਭੂ! ਮੇਰੇ ਉਤੇ) ਮਿਹਰ ਕਰ (ਮੈਂ ਭੀ ਤੇਰਾ ਨਾਮ ਜਪਦਾ ਰਹਾਂ), ਤੂੰ ਹਰੇਕ ਜੁਗ ਵਿਚ ਇਕੋ ਅਟੱਲ ਸਰੂਪ ਵਾਲਾ ਰਹਿੰਦਾ ਹੈਂ ॥੮॥੧॥੬॥੮॥
39781	929	ਰਾਮਕਲੀ ਮਹਲਾ ੧ ਦਖਣੀ ਓਅੰਕਾਰੁ	ਦੱਖਣੀ	Raamakalee Mehalaa 1 Dhakhanee Ouankaaru	Raamkalee, First Mehl, Dakhanee, Ongkaar:	ਰਾਗ ਰਾਮਕਲੀ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਦਖਣੀ ਓਅੰਕਾਰੁ'।

39782	929	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
39783	929	ਓਅੰਕਾਰਿ ਬ੍ਰਹਮਾ ਉਤਪਤਿ॥		Ouankaar Brehamaa Outhapath ||	From Ongkaar, the One Universal Creator God, Brahma was created.	(ਹੇ ਪਾਂਡੇ! ਤੁਸੀ ਮੰਦਰ ਵਿਚ ਅਸਥਾਪਨ ਕੀਤੀ ਹੋਈ ਇਸ ਮੂਰਤੀ ਨੂੰ 'ਓਅੰਕਾਰ' ਮਿਥ ਰਹੇ ਹੋ, ਤੇ ਆਖਦੇ ਹੋ ਕਿ ਸ੍ਰਿਸ਼ਟੀ ਨੂੰ ਬ੍ਰਹਮਾ ਨੇ ਪੈਦਾ ਕੀਤਾ ਸੀ। ਪਰ 'ਓਅੰਕਾਰ' ਉਹ ਸਰਬ-ਵਿਆਪਕ ਪਰਮਾਤਮਾ ਹੈ ਜਿਸ) ਸਰਬ-ਵਿਆਪਕ ਪਰਮਾਤਮਾ ਤੋਂ ਬ੍ਰਹਮਾ ਦਾ (ਭੀ) ਜਨਮ ਹੋਇਆ,
39784	929	ਓਅੰਕਾਰੁ ਕੀਆ ਜਿਨਿ ਚਿਤਿ॥		Ouankaar Keeaa Jin Chith ||	He kept Ongkaar in his consciousness.	ਉਸ ਬ੍ਰਹਮਾ ਨੇ ਭੀ ਉਸ ਸਰਬ-ਵਿਆਪਕ ਪ੍ਰਭੂ ਨੂੰ ਆਪਣੇ ਮਨ ਵਿਚ ਵਸਾਇਆ।
39785	929	ਓਅੰਕਾਰਿ ਸੈਲ ਜੁਗ ਭਏ॥		Ouankaar Sail Jug Bheae ||	From Ongkaar, the mountains and the ages were created.	ਇਹ ਸਾਰੀ ਸ੍ਰਿਸ਼ਟੀ ਤੇ ਸਮੇ ਦੀ ਵੰਡ ਉਸ ਸਰਬ-ਵਿਆਪਕ ਪਰਮਾਤਮਾ ਤੋਂ ਹੀ ਹੋਏ,
39786	929	ਓਅੰਕਾਰਿ ਬੇਦ ਨਿਰਮਏ॥	(ਨਿਰਮਏ)ਪੈਦਾ ਕੀਤੇ	Ouankaar Baedh Nirameae ||	Ongkaar created the Vedas.	ਵੇਦ ਭੀ ਓਅੰਕਾਰ ਤੋਂ ਹੀ ਬਣੇ।

39787	930	ਓਅੰਕਾਰਿ ਸਬਦਿ ਉਧਰੇ॥		Ouankaar Sabadh Oudhharae ||	Ongkaar saves the world through the Shabad.	ਜੀਵ ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਸਰਬ-ਵਿਆਪਕ ਪਰਮਾਤਮਾ ਦੀ ਸਹੈਤਾ ਨਾਲ ਹੀ ਸੰਸਾਰ ਦੇ ਵਿਕਾਰਾਂ ਤੋਂ ਬਚਦੇ ਹਨ,
39788	930	ਓਅੰਕਾਰਿ ਗੁਰਮੁਖਿ ਤਰੇ॥		Ouankaar Guramukh Tharae ||	Ongkaar saves the Gurmukhs.	ਤੇ ਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘਦੇ ਹਨ।
39789	930	ਓ ਨਮ ਅਖਰ ਸੁਣਹੁ ਬੀਚਾਰੁ॥	ਅੱਖਰ ਬ੍ਰਹਮ। (ਓ)ਓਅੰਕਾਰ ਵਾਹਿਗੁਰੂ ਜੀ ਨੂੰ ਨਮਨਮਸਕਾਰ	Ounam Akhar Sunahu Beechaar ||	Listen to the Message of the Universal, Imperishable Creator Lord.	(ਹੇ ਪਾਂਡੇ! ਤੁਸੀ ਆਪਣੇ ਚਾਟੜਿਆਂ ਦੀਆਂ ਪੱਟੀਆਂ ਉੱਤੇ ਲਫ਼ਜ਼ 'ਓਅੰ ਨਮਹ' ਲਿਖਦੇ ਹੋ, ਪਰ ਇਸ ਮੂਰਤੀ ਨੂੰ ਹੀ 'ਓਅੰ' ਸਮਝ ਰਹੇ ਹੋ) ਉਸ ਮਹਾਨ ਹਸਤੀ ਦੀ ਬਾਬਤ ਭੀ ਗੱਲ ਸੁਣੋ ਜਿਸ ਦੇ ਵਾਸਤੇ ਤੁਸੀ ਲਫ਼ਜ਼ 'ਓਅੰ ਨਮਹ' ਲਿਖਦੇ ਹੋ।
39790	930	ਓ ਨਮ ਅਖਰੁ ਤ੍ਰਿਭਵਣ ਸਾਰੁ॥੧॥		Ounam Akhar Thribhavan Saar ||1||	The Universal, Imperishable Creator Lord is the essence of the three worlds. ||1||	ਇਹ ਲਫ਼ਜ਼ 'ਓਅੰ ਨਮਹ' ਉਸ (ਮਹਾਨ ਅਕਾਲ ਪੁਰਖ) ਵਾਸਤੇ ਹਨ ਜੋ ਸਾਰੀ ਸ੍ਰਿਸ਼ਟੀ ਦਾ ਕਰਤਾ ਹੈ ॥੧॥
39791	930	ਸੁਣਿ ਪਾਡੇ ਕਿਆ ਲਿਖਹੁ ਜੰਜਾਲਾ॥	ਪਾਂਡੇ	Sun Paaddae Kiaa Likhahu Janjaalaa ||	Listen, O Pandit, O religious scholar, why are you writing about worldly debates?	ਹੇ ਪਾਂਡੇ! ਸੁਣ, ਨਿਰੀ (ਵਾਦ-ਵਿਵਾਦ ਤੇ ਸੰਸਾਰਕ) ਝੰਬੇਲਿਆਂ ਵਾਲੀ ਲਿਖਾਈ ਲਿਖਣ ਤੋਂ (ਕੋਈ ਆਤਮਕ) ਲਾਭ ਨਹੀਂ ਹੋ ਸਕਦਾ।

39792	930	ਲਿਖੁ ਰਾਮ ਨਾਮ ਗੁਰਮੁਖਿ ਗੋਪਾਲਾ॥੧॥ਰਹਾਉ ॥		Likh Raam Naam Guramukh Gopaalaa ||1|| Rehaao ||	As Gurmukh, write only the Name of the Lord, the Lord of the World. ||1||Pause||	(ਜੇ ਤੂੰ ਆਪਣਾ ਜੀਵਨ ਸਫਲਾ ਕਰਨਾ ਹੈ ਤਾਂ) ਗੁਰੂ ਦੇ ਸਨਮੁਖ ਹੋ ਕੇ ਸ੍ਰਿਸ਼ਟੀ ਦੇ ਮਾਲਕ ਪਰਮਾਤਮਾ ਦਾ ਨਾਮ (ਭੀ ਆਪਣੇ ਮਨ ਵਿਚ) ਲਿਖ ॥੧॥ ਰਹਾਉ ॥
39793	930	ਸਸੈ ਸਭੁ ਜਗੁ ਸਹਜਿ ਉਪਾਇਆ ਤੀਨਿ ਭਵਨ ਇਕ ਜੋਤੀ॥	ਸੱਸੈ	Sasai Sabh Jag Sehaj Oupaaeiaa Theen Bhavan Eik Jothee ||	Sassa: He created the entire universe with ease; His One Light pervades the three worlds.	ਜਿਸ ਪਰਮਾਤਮਾ ਨੇ ਕਿਸੇ ਉਚੇਰੇ ਉੱਦਮ ਤੋਂ ਬਿਨਾ ਹੀ ਇਹ ਸਾਰਾ ਜਗਤ ਪੈਦਾ ਕੀਤਾ ਹੈ ਉਸ ਦੀ ਜੋਤਿ ਸਾਰੇ ਜਗਤ ਵਿਚ ਪਸਰ ਰਹੀ ਹੈ।
39794	930	ਗੁਰਮੁਖਿ ਵਸਤੁ ਪਰਾਪਤਿ ਹੋਵੈ ਚੁਣਿ ਲੈ ਮਾਣਕ ਮੋਤੀ॥		Guramukh Vasath Paraapath Hovai Chun Lai Maanak Mothee ||	Become Gurmukh, and obtain the real thing; gather the gems and pearls.	ਜੋ ਮਨੁੱਖ ਗੁਰੂ ਦੇ ਦੱਸੇ ਰਸਤੇ ਉਤੇ ਤੁਰਦਾ ਹੈ ਉਸ ਨੂੰ ਉਸ ਪਰਮਾਤਮਾ ਦਾ ਨਾਮ-ਪਦਾਰਥ ਮਿਲ ਜਾਂਦਾ ਹੈ, ਗੁਰਮੁਖਿ ਮਨੁੱਖ ਪਰਮਾਤਮਾ ਦਾ ਨਾਮ ਰੂਪ ਕੀਮਤੀ ਧਨ ਇਕੱਠਾ ਕਰ ਲੈਂਦਾ ਹੈ।
39795	930	ਸਮਝੈ ਸੂਝੈ ਪੜਿ ਪੜਿ ਬੂਝੈ ਅੰਤਿ ਨਿਰੰਤਰਿ ਸਾਚਾ॥		Samajhai Soojhai Parr Parr Boojhai Anth Niranthar Saachaa ||	If one understands, realizes and comprehends what he reads and studies, in the end he shall realize that the True Lord dwells deep within his nucleus.	ਉਹ ਮਨੁੱਖ ਸਤਿਗੁਰੂ (ਦੀ ਬਾਣੀ) ਦੀ ਰਾਹੀਂ ਸਮਝਦਾ ਸੋਚਦਾ ਹੈ, ਸਤਿਗੁਰੂ ਦੀ ਬਾਣੀ ਮੁੜ ਮੁੜ ਪੜ੍ਹ ਕੇ ਉਸ ਨੂੰ ਇਹ ਭੇਤ ਖੁਲ੍ਹਦਾ ਹੈ ਕਿ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਪਰਮਾਤਮਾ ਹੀ ਓੜਕ ਨੂੰ ਸਦਾ-ਥਿਰ ਰਹਿਣ ਵਾਲਾ ਹੈ।

39796	930	ਗੁਰਮੁਖਿ ਦੇਖੈ ਸਾਚੁ ਸਮਾਲੇ ਬਿਨੁ ਸਾਚੇ ਜਗੁ ਕਾਚਾ॥੨॥		Guramukh Dhaekhai Saach Samaalae Bin Saachae Jag Kaachaa ||2||	The Gurmukh sees and contemplates the True Lord; without the True Lord, the world is false. ||2||	ਗੁਰੂ ਦੇ ਰਾਹ ਤੇ ਤੁਰਨ ਵਾਲਾ ਮਨੁੱਖ ਉਸ ਸਦਾ-ਥਿਰ ਪਰਮਾਤਮਾ ਨੂੰ ਹੀ (ਹਰ ਥਾਂ) ਵੇਖਦਾ ਹੈ ਤੇ ਆਪਣੇ ਹਿਰਦੇ ਵਿਚ ਵਸਾਂਦਾ ਹੈ, ਪਰਮਾਤਮਾ ਤੋਂ ਛੁਟ ਬਾਕੀ ਸਾਰਾ ਜਗਤ ਉਸ ਨੂੰ ਨਾਸਵੰਤ ਦਿੱਸਦਾ ਹੈ ॥੨॥
39797	930	ਧਧੈ ਧਰਮੁ ਧਰੇ ਧਰਮਾ ਪੁਰਿ ਗੁਣਕਾਰੀ ਮਨੁ ਧੀਰਾ॥		Dhhadhhai Dhharam Dhharae Dhharamaa Pur Gunakaaree Man Dhheeraa ||	Dhadha: Those who enshrine Dharmic faith and dwell in the City of Dharma are worthy; their minds are steadfast and stable.	(ਹੇ ਪਾਂਡੇ! ਗੁਰੂ ਦੀ ਸਰਨ ਪੈ ਕੇ ਕਰਤਾਰ ਦਾ ਨਾਮ ਆਪਣੇ ਮਨ ਦੀ ਪੱਟੀ ਉਤੇ ਲਿਖ, ਉਹ ਬੜਾ ਬੇਅੰਤ ਹੈ) ਸਤਿਗੁਰੂ ਸਤਸੰਗ ਵਿਚ (ਉਸ ਕਰਤਾਰ ਦੇ ਸਿਮਰਨ ਰੂਪ) ਧਰਮ ਦਾ ਉਪਦੇਸ਼ ਕਰਦਾ ਹੈ, (ਸਿਮਰਨ ਦੀ ਬਰਕਤਿ ਨਾਲ) ਸਤਿਗੁਰੂ ਦਾ ਆਪਣਾ ਮਨ ਟਿਕਿਆ ਰਹਿੰਦਾ ਹੈ, ਤੇ ਉਹ ਹੋਰਨਾਂ ਵਿਚ ਭੀ (ਇਹ) ਗੁਣ ਪੈਦਾ ਕਰਦਾ ਹੈ।
39798	930	ਧਧੈ ਧੂਲਿ ਪੜੈ ਮੁਖਿ ਮਸਤਕਿ ਕੰਚਨ ਭਏ ਮਨੂਰਾ॥	ਪੜੈ:ੜ ਹਲੰਤ ਨਹੀਂ ਲਾਉਣਾ	Dhhadhhai Dhhool Parrai Mukh Masathak Kanchan Bheae Manooraa ||	Dhadha: If the dust of their feet touches one's face and forehead, he is transformed from iron into gold.	ਜਿਸ ਮਨੁੱਖ ਦੇ ਮੂੰਹ-ਮੱਥੇ ਤੇ ਗੁਰੂ ਦੇ ਚਰਨਾਂ ਦੀ ਧੂੜ ਪਏ, ਉਹ ਨਕਾਰੇ ਸੜੇ ਹੋਏ ਲੋਹੇ ਤੋਂ ਸੋਨਾ ਬਣ ਜਾਂਦਾ ਹੈ।

39799	930	ਧਨੁ ਧਰਣੀਧਰੁ ਆਪਿ ਅਜੋਨੀ ਤੋਲਿ ਬੋਲਿ ਸਚੁ ਪੂਰਾ॥		Dhhan Dhharaneedhhar Aap Ajonee Thol Bol Sach Pooraa ||	Blessed is the Support of the Earth; He Himself is not born; His measure and speech are perfect and True.	ਜੋ ਪਰਮਾਤਮਾ ਸ੍ਰਿਸ਼ਟੀ ਦਾ ਆਸਰਾ ਹੈ ਜਿਸ ਦਾ ਕੋਈ ਸ਼ਰੀਕ ਨਹੀਂ ਤੇ ਜੋ ਜਨਮ-ਰਹਿਤ ਹੈ ਉਹੀ ਸਤਿਗੁਰੂ ਦਾ ਧਨ ਹੈ, ਸਤਿਗੁਰੂ ਤੋਲ ਵਿਚ ਬੋਲ ਵਿਚ ਸੱਚਾ ਤੇ ਪੂਰਨ ਹੁੰਦਾ ਹੈ।
39800	930	ਕਰਤੇ ਕੀ ਮਿਤਿ ਕਰਤਾ ਜਾਣੈ ਕੈ ਜਾਣੈ ਗੁਰੁ ਸੂਰਾ॥੩॥		Karathae Kee Mith Karathaa Jaanai Kai Jaanai Gur Sooraa ||3||	Only the Creator Himself knows His own extent; He alone knows the Brave Guru. ||3||	ਕਰਤਾਰ ਦੀ ਵਡਿਆਈ ਕਰਤਾਰ ਆਪ ਹੀ ਜਾਣਦਾ ਹੈ, ਜਾਂ, ਸੂਰਮਾ ਸਤਿਗੁਰੂ ਜਾਣਦਾ ਹੈ (ਭਾਵ, ਸਤਿਗੁਰੂ ਹੀ ਪਰਮਾਤਮਾ ਦੀ ਵਡਿਆਈ ਦੀ ਕਦਰ ਪਾਂਦਾ ਹੈ) ॥੩॥
39801	930	ਞਿਆਨੁ ਗਵਾਇਆ ਦੂਜਾ ਭਾਇਆ ਗਰਬਿ ਗਲੇ ਬਿਖੁ ਖਾਇਆ॥		N(g)iaan Gavaaeiaa Dhoojaa Bhaaeiaa Garab Galae Bikh Khaaeiaa ||	In love with duality, spiritual wisdom is lost; the mortal rots away in pride, and eats poison.	ਜੋ ਮਨੁੱਖ ਸਤਿਗੁਰੂ ਦਾ ਉਪਦੇਸ਼ ਵਿਸਾਰ ਦੇਂਦਾ ਹੈ ਤੇ ਕਿਸੇ ਹੋਰ ਜੀਵਨ-ਰਾਹ ਨੂੰ ਪਸੰਦ ਕਰਦਾ ਹੈ, ਉਹ ਅਹੰਕਾਰ ਵਿਚ ਨਿੱਘਰ ਜਾਂਦਾ ਹੈ, ਤੇ ਉਹ (ਆਤਮਕ ਮੌਤ ਦਾ ਮੂਲ ਅਹੰਕਾਰ-ਰੂਪ) ਜ਼ਹਿਰ ਖਾਂਦਾ ਹੈ।
39802	930	ਗੁਰ ਰਸੁ ਗੀਤ ਬਾਦ ਨਹੀ ਭਾਵੈ ਸੁਣੀਐ ਗਹਿਰ ਗੰਭੀਰੁ ਗਵਾਇਆ॥		Gur Ras Geeth Baadh Nehee Bhaavai Suneeai Gehir Ganbheer Gavaaeiaa ||	He thinks that the sublime essence of the Guru's song is useless, and he does not like to hear it. He loses the profound, unfathomable Lord.	ਉਸ ਮਨੁੱਖ ਨੂੰ (ਦੂਜੇ ਭਾਵ ਦੇ ਕਾਰਨ) ਸਤਿਗੁਰੂ ਦੀ ਬਾਣੀ ਦਾ ਆਨੰਦ ਤੇ ਗੁਰੂ ਦੇ ਬਚਨ ਸੁਣੇ ਨਹੀਂ ਭਾਉਂਦੇ। ਉਹ ਮਨੁੱਖ ਅਥਾਹ ਗੁਣਾਂ ਦੇ ਮਾਲਕ ਪਰਮਾਤਮਾ ਤੋਂ ਵਿਛੁੜ ਜਾਂਦਾ ਹੈ।

39803	930	ਗੁਰਿ ਸਚੁ ਕਹਿਆ ਅੰਮ੍ਰਿਤੁ ਲਹਿਆ ਮਨਿ ਤਨਿ ਸਾਚੁ ਸੁਖਾਇਆ॥		Gur Sach Kehiaa Anmrith Lehiaa Man Than Saach Sukhaaeiaa ||	Through the Guru's Words of Truth, the Ambrosial Nectar is obtained, and the mind and body find joy in the True Lord.	ਜਿਸ ਮਨੁੱਖ ਨੇ ਸਤਿਗੁਰੂ ਦੀ ਰਾਹੀਂ ਸਦਾ-ਥਿਰ ਪ੍ਰਭੂ ਨੂੰ ਸਿਮਰਿਆ ਹੈ, ਉਸ ਨੇ ਨਾਮ-ਅੰਮ੍ਰਿਤ ਹਾਸਲ ਕਰ ਲਿਆ ਹੈ, ਫਿਰ ਉਸ ਨੂੰ ਉਹ ਪਰਮਾਤਮਾ ਮਨ ਤਨ ਵਿਚ ਪਿਆਰਾ ਲੱਗਦਾ ਹੈ।
39804	930	ਆਪੇ ਗੁਰਮੁਖਿ ਆਪੇ ਦੇਵੈ ਆਪੇ ਅੰਮ੍ਰਿਤੁ ਪੀਆਇਆ॥੪॥		Aapae Guramukh Aapae Dhaevai Aapae Anmrith Peeaaeiaa ||4||	He Himself is the Gurmukh, and He Himself bestows the Ambrosial Nectar; He Himself leads us to drink it in. ||4||	(ਪਰ ਇਹ ਉਸ ਦੀ ਬਖ਼ਸ਼ਸ਼ ਹੀ ਹੈ) ਉਹ ਆਪ ਹੀ ਗੁਰੂ ਦੀ ਸਰਨ ਪਾ ਕੇ (ਸਿਮਰਨ ਦੀ ਦਾਤਿ) ਦੇਂਦਾ ਹੈ ਤੇ ਆਪ ਹੀ ਨਾਮ-ਅੰਮ੍ਰਿਤ ਪਿਲਾਂਦਾ ਹੈ ॥੪॥
39805	930	ਏਕੋ ਏਕੁ ਕਹੈ ਸਭੁ ਕੋਈ ਹਉਮੈ ਗਰਬੁ ਵਿਆਪੈ॥		Eaeko Eaek Kehai Sabh Koee Houmai Garab Viaapai ||	Everyone says that God is the One and only, but they are engrossed in egotism and pride.	(ਉਂਞ ਤਾਂ) ਹਰ ਕੋਈ ਆਖਦਾ ਹੈ ਕਿ ਇਕ ਪਰਮਾਤਮਾ ਹੀ ਪਰਮਾਤਮਾ ਹੈ, ਪਰ (ਜਿਸ ਮਨ ਉਤੇ ਪਰਮਾਤਮਾ ਦਾ ਨਾਮ ਲਿਖਣਾ ਹੈ, ਉਸ ਉਤੇ) ਹਉਮੈ ਅਹੰਕਾਰ ਜ਼ੋਰ ਪਾਈ ਰੱਖਦਾ ਹੈ।
39806	930	ਅੰਤਰਿ ਬਾਹਰਿ ਏਕੁ ਪਛਾਣੈ ਇਉ ਘਰੁ ਮਹਲੁ ਸਿਞਾਪੈ॥		Anthar Baahar Eaek Pashhaanai Eio Ghar Mehal Sinjaapai ||	Realize that the One God is inside and outside; understand this, that the Mansion of His Presence is within the home of your heart.	ਜੇ ਮਨੁੱਖ (ਹਉਮੈ ਅਹੰਕਾਰ ਦਾ ਸਾਇਆ ਦੂਰ ਕਰ ਕੇ) ਆਪਣੇ ਹਿਰਦੇ ਵਿਚ ਅਤੇ ਸਾਰੀ ਸ੍ਰਿਸ਼ਟੀ ਵਿਚ ਇਕ ਪਰਮਾਤਮਾ ਨੂੰ ਪਛਾਣ ਲਏ, ਤਾਂ ਇਸ ਤਰ੍ਹਾਂ ਉਸ ਨੂੰ ਪਰਮਾਤਮਾ ਦੇ ਅਸਥਾਨ ਦੀ ਸਿੰਞਾਣ ਆ ਜਾਂਦੀ ਹੈ।

39807	930	ਪ੍ਰਭੁ ਨੇੜੈ ਹਰਿ ਦੂਰਿ ਨ ਜਾਣਹੁ ਏਕੋ ਸ੍ਰਿਸਟਿ ਸਬਾਈ॥		Prabh Naerrai Har Dhoor N Jaanahu Eaeko Srisatt Sabaaee ||	God is near at hand; do not think that God is far away. The One Lord permeates the entire universe.	(ਹੇ ਪਾਂਡੇ!) ਪਰਮਾਤਮਾ (ਤੇਰੇ) ਨੇੜੇ (ਭਾਵ, ਹਿਰਦੇ ਵਿਚ ਵੱਸ ਰਿਹਾ) ਹੈ, ਉਸ ਨੂੰ (ਆਪਣੇ ਤੋਂ ਦੂਰ ਨਾਹ ਸਮਝ, ਇਕ ਪਰਮਾਤਮਾ ਹੀ ਸਾਰੀ ਸ੍ਰਿਸ਼ਟੀ ਵਿਚ ਮੌਜੂਦ ਹੈ।
39808	930	ਏਕੰਕਾਰੁ ਅਵਰੁ ਨਹੀ ਦੂਜਾ ਨਾਨਕ ਏਕੁ ਸਮਾਈ॥੫॥		Eaekankaar Avar Nehee Dhoojaa Naanak Eaek Samaaee ||5||	There in One Universal Creator Lord; there is no other at all. O Nanak, merge into the One Lord. ||5||	ਹੇ ਨਾਨਕ! ਇਕ ਸਰਬ-ਵਿਆਪਕ ਪਰਮਾਤਮਾ ਹੀ (ਹਰ ਥਾਂ) ਸਮਾਇਆ ਹੋਇਆ ਹੈ, ਉਸ ਤੋਂ ਬਿਨਾ ਕੋਈ ਹੋਰ ਦੂਜਾ ਨਹੀਂ ਹੈ ॥੫॥
39809	930	ਇਸੁ ਕਰਤੇ ਕਉ ਕਿਉ ਗਹਿ ਰਾਖਉ ਅਫਰਿਓ ਤੁਲਿਓ ਨ ਜਾਈ॥	(ਅ-ਫਰਿਓ)ਸੁਤੰਤ੍ਰ	Eis Karathae Ko Kio Gehi Raakho Afariou Thuliou N Jaaee ||	How can you keep the Creator under your control? He cannot be seized or measured.	(ਹੇ ਪਾਂਡੇ!) ਭਾਵੇਂ ਕਰਤਾਰ ਮੇਰੇ ਅੰਦਰ ਹੀ ਵੱਸ ਰਿਹਾ ਹੈ (ਜਦ ਤਕ ਮੇਰੇ ਅੰਦਰ ਹਉਮੈ ਅਹੰਕਾਰ ਹੈ) ਮੈਂ ਉਸ ਨੂੰ ਆਪਣੇ ਮਨ ਵਿਚ ਵਸਾ ਨਹੀਂ ਸਕਦਾ, (ਜਦ ਤਕ ਮਨ ਵਿਚ ਹਉਮੈ ਹੈ ਤਦ ਤਕ ਉਹ ਕਰਤਾਰ) ਮਨ ਵਿਚ ਵਸਾਇਆ ਨਹੀਂ ਜਾ ਸਕਦਾ, ਉਸ ਦੀ ਵਡਿਆਈ ਦੀ ਕਦਰ ਪਾਈ ਨਹੀਂ ਜਾ ਸਕਦੀ।
39810	930	ਮਾਇਆ ਕੇ ਦੇਵਾਨੇ ਪ੍ਰਾਣੀ ਝੂਠਿ ਠਗਉਰੀ ਪਾਈ॥		Maaeiaa Kae Dhaevaanae Praanee Jhooth Thagouree Paaee ||	Maya has made the mortal insane; she has administered the poisonous drug of falsehood.	ਮਾਇਆ ਦੇ ਮਤਵਾਲੇ ਜੀਵ ਨੂੰ (ਜਦ ਤਕ) ਝੂਠ ਨੇ ਠਗ-ਬੂਟੀ ਚਮੋੜੀ ਹੋਈ ਹੈ,

39811	930	ਲਬਿ ਲੋਭਿ ਮੁਹਤਾਜਿ ਵਿਗੂਤੇ ਇਬ ਤਬ ਫਿਰਿ ਪਛੁਤਾਈ॥		Lab Lobh Muhathaaj Vigoothae Eib Thab Fir Pashhuthaaee ||	Addicted to greed and avarice, the mortal is ruined, and then later, he regrets and repents.	(ਜਦ ਤਕ ਜੀਵ) ਚਸਕੇ ਵਿਚ ਲਾਲਚ ਵਿਚ ਤੇ ਪਰਾਈ ਮੁਥਾਜੀ ਵਿਚ ਖ਼ੁਆਰ ਹੋ ਰਿਹਾ ਹੈ, ਤਦ ਤਕ ਹਰ ਵੇਲੇ ਇਸ ਨੂੰ ਹਾਹੁਕਾ ਹੀ ਹਾਹੁਕਾ ਹੈ।
39812	930	ਏਕੁ ਸਰੇਵੈ ਤਾ ਗਤਿ ਮਿਤਿ ਪਾਵੈ ਆਵਣੁ ਜਾਣੁ ਰਹਾਈ॥੬॥		Eaek Saraevai Thaa Gath Mith Paavai Aavan Jaan Rehaaee ||6||	So serve the One Lord, and attain the state of Salvation; your comings and goings shall cease. ||6||	ਜਦੋਂ ਮਨੁੱਖ (ਹਉਮੈ ਦੂਰ ਕਰ ਕੇ) ਇਕ ਪਰਮਾਤਮਾ ਨੂੰ ਸਿਮਰਦਾ ਹੈ ਤਦੋਂ ਪਰਮਾਤਮਾ ਨਾਲ ਇਸ ਦੀ ਜਾਣ ਪਛਾਣ ਹੋ ਜਾਂਦੀ ਹੈ, ਪਰਮਾਤਮਾ ਦੀ ਵਡਿਆਈ ਦੀ ਇਸ ਨੂੰ ਕਦਰ ਪੈਂਦੀ ਹੈ, ਤੇ ਇਸ ਦਾ ਜਨਮ-ਮਰਨ ਮੁੱਕ ਜਾਂਦਾ ਹੈ ॥੬॥
39813	930	ਏਕੁ ਅਚਾਰੁ ਰੰਗੁ ਇਕੁ ਰੂਪੁ॥		Eaek Achaar Rang Eik Roop ||	The One Lord is in all actions, colors and forms.	(ਹੇ ਪਾਂਡੇ! ਉਸ ਗੁਪਾਲ ਦਾ ਨਾਮ ਆਪਣੇ ਮਨ ਦੀ ਪੱਟੀ ਉਤੇ ਲਿਖ ਜੋ) ਇਕ ਆਪ ਹੀ (ਹਰ ਥਾਂ ਵਿਆਪਕ ਹੋ ਕੇ ਜਗਤ ਦੀ ਇਹ ਸਾਰੀ) ਕਿਰਤ-ਕਾਰ (ਕਰ ਰਿਹਾ) ਹੈ, (ਜੋ) ਇਕ ਆਪ ਹੀ (ਸੰਸਾਰ ਦਾ ਇਹ ਸਾਰਾ) ਰੂਪ ਰੰਗ (ਆਪਣੇ ਆਪ ਤੋਂ ਪਰਗਟ ਕਰ ਰਿਹਾ) ਹੈ,
39814	930	ਪਉਣ ਪਾਣੀ ਅਗਨੀ ਅਸ ਰੂਪੁ॥	(ਅਸ)ਸ਼ੁੱਧ। (ਰੂਪੁ)ਸਰੂਪ	Poun Paanee Aganee Asaroop ||	He manifests in many shapes through wind, water and fire.	ਤੇ (ਜਗਤ ਦੇ ਇਹ ਤੱਤ) ਹਵਾ ਪਾਣੀ ਅੱਗ (ਜਿਸ ਦਾ ਆਪਣਾ ਹੀ) ਸਰੂਪ ਹਨ,

39815	930	ਏਕੋ ਭਵਰੁ ਭਵੈ ਤਿਹੁ ਲੋਇ॥		Eaeko Bhavar Bhavai Thihu Loe ||	The One Soul wanders through the three worlds.	ਜਿਸ ਗੁਪਾਲ ਦੀ ਜੋਤਿ ਹੀ ਸਾਰੇ ਜਗਤ ਵਿਚ ਪਸਰ ਰਹੀ ਹੈ।
39816	930	ਏਕੋ ਬੂਝੈ ਸੂਝੈ ਪਤਿ ਹੋਇ॥		Eaeko Boojhai Soojhai Path Hoe ||	One who understands and comprehends the One Lord is honored.	ਜੋ ਮਨੁੱਖ ਉਸ ਇੱਕ ਪਰਮਾਤਮਾ ਨੂੰ (ਹਰ ਥਾਂ ਵਿਆਪਕ) ਸਮਝਦਾ ਹੈ, ਜਿਸ ਨੂੰ ਹਰ ਥਾਂ ਪਰਮਾਤਮਾ ਹੀ ਦਿੱਸਦਾ ਹੈ, ਉਹ ਆਦਰ-ਸਤਕਾਰ ਹਾਸਲ ਕਰਦਾ ਹੈ।
39817	930	ਗਿਆਨੁ ਧਿਆਨੁ ਲੇ ਸਮਸਰਿ ਰਹੈ॥		Giaan Dhhiaan Lae Samasar Rehai ||	One who gathers in spiritual wisdom and meditation, dwells in the state of balance.	ਕੋਈ ਮਨੁੱਖ ਸਤਿਗੁਰੂ ਦੀ ਰਾਹੀਂ ਪਰਮਾਤਮਾ ਨਾਲ ਜਾਣ-ਪਛਾਣ ਪਾ ਕੇ, ਤੇ, ਉਸ ਵਿਚ ਸੁਰਤ ਟਿਕਾ ਕੇ ਧੀਰੇ ਜੀਵਨ ਵਾਲਾ ਬਣਦਾ ਹੈ,
39818	930	ਗੁਰਮੁਖਿ ਏਕੁ ਵਿਰਲਾ ਕੋ ਲਹੈ॥		Guramukh Eaek Viralaa Ko Lehai ||	How rare are those who, as Gurmukh, attain the One Lord.	ਅਜੇਹਾ ਵਿਰਲਾ ਮਨੁੱਖ ਉਸ ਪਰਮਾਤਮਾ ਨੂੰ ਪ੍ਰਾਪਤ ਕਰ ਲੈਂਦਾ ਹੈ।
39819	930	ਜਿਸ ਨੋ ਦੇਇ ਕਿਰਪਾ ਤੇ ਸੁਖੁ ਪਾਏ॥		Jis No Dhaee Kirapaa Thae Sukh Paaeae ||	They alone find peace, whom the Lord blesses with His Grace.	ਉਹ ਮਨੁੱਖ ਸੁਖ ਮਾਣਦਾ ਹੈ, ਜਿਸ ਮਨੁੱਖ ਨੂੰ ਪ੍ਰਭੂ ਆਪਣੀ ਮੇਹਰ ਨਾਲ ਇਹ ਦਾਤ ਦੇਂਦਾ ਹੈ
39820	930	ਗੁਰੂ ਦੁਆਰੈ ਆਖਿ ਸੁਣਾਏ॥੭॥		Guroo Dhuaarai Aakh Sunaaeae ||7||	In the Gurdwara, the Guru's Door, they speak and hear of the Lord. ||7||	ਅਤੇ ਜਿਸ ਨੂੰ ਗੁਰੂ ਦੀ ਰਾਹੀਂ (ਆਪਣੀ ਸਰਬ-ਵਿਆਪਕਤਾ ਦਾ ਉਪਦੇਸ਼) ਸੁਣਾਂਦਾ ਹੈ ॥੭॥

39821	930	ਊਰਮ ਧੂਰਮ ਜੋਤਿ ਉਜਾਲਾ॥	(ਊਰਮ)ਅਕਾਸ਼। (ਧੁਰਮ)ਧਰਤੀ	Ooram Dhhooram Joth Oujaalaa ||	His Light illuminates the ocean and the earth.	(ਹੇ ਪਾਂਡੇ! ਉਸ ਗੋਪਾਲ ਦਾ ਨਾਮ ਆਪਣੇ ਮਨ ਦੀ ਪੱਟੀ ਉਤੇ ਲਿਖ), ਧਰਤੀ ਅਤੇ ਅਕਾਸ਼ ਵਿਚ ਜਿਸ ਦੀ ਜੋਤਿ ਦਾ ਪਰਕਾਸ਼ ਹੈ,
39822	930	ਤੀਨਿ ਭਵਣ ਮਹਿ ਗੁਰ ਗੋਪਾਲਾ॥		Theen Bhavan Mehi Gur Gopaalaa ||	Throughout the three worlds, is the Guru, the Lord of the World.	ਜੋ ਸਭ ਤੋਂ ਵੱਡਾ ਗੋਪਾਲ ਤਿੰਨ ਭਵਨਾਂ ਵਿਚ ਵਿਆਪਕ ਹੈ।
39823	930	ਊਗਵਿਆ ਅਸ ਰੂਪੁ ਦਿਖਾਵੈ॥	(ਊਗਵਿਆ)ਪ੍ਰਗਟ ਹੋਇ	Oogaviaa Asaroop Dhikhaavai ||	The Lord reveals His various forms;	ਉਹ ਗੋਪਾਲ ਆਪਣੀ ਕਿਰਪਾ ਕਰ ਕੇ (ਗੁਰੂ ਦੀ ਰਾਹੀਂ) ਪਰਗਟ ਹੋ ਕੇ ਜਿਸ ਨੂੰ ਆਪਣਾ (ਸਰਬ-ਵਿਆਪਕ) ਸਰੂਪ ਵਿਖਾਂਦਾ ਹੈ,
39824	930	ਕਰਿ ਕਿਰਪਾ ਅਪੁਨੈ ਘਰਿ ਆਵੈ॥		Kar Kirapaa Apunai Ghar Aavai ||	Granting His Grace, He enters the home of the heart.	ਉਹ ਮਨੁੱਖ (ਭਟਕਣਾ ਤੋਂ ਬਚ ਕੇ) ਆਪਣੇ ਆਪ ਵਿਚ ਟਿਕ ਜਾਂਦਾ ਹੈ।
39825	930	ਊਨਵਿ ਬਰਸੈ ਨੀਝਰ ਧਾਰਾ॥		Oonav Barasai Neejhar Dhhaaraa ||	The clouds hang low, and the rain is pouring down.	ਜਗਤ ਨੂੰ ਸੋਹਣਾ ਬਨਾਣ ਵਾਲਾ ਪ੍ਰਭੂ (ਜਿਸ ਮਨੁੱਖ ਦੇ ਹਿਰਦੇ ਵਿਚ) ਨੇੜੇ ਹੋ ਕੇ (ਆਪਣੀ ਸਿਫ਼ਤ-ਸਾਲਾਹ ਦੀ) ਝੜੀ ਲਾ ਕੇ ਵਰ੍ਹਦਾ ਹੈ,
39826	930	ਊਤਮ ਸਬਦਿ ਸਵਾਰਣਹਾਰਾ॥		Ootham Sabadh Savaaranehaaraa ||	The Lord embellishes and exalts with the Sublime Word of the Shabad.	ਉਹ ਮਨੁੱਖ ਸਤਿਗੁਰੂ ਦੇ ਸ੍ਰੇਸ਼ਟ ਸ਼ਬਦ ਦੀ ਰਾਹੀਂ (ਜਗਤ ਨੂੰ ਸਵਾਰਣਹਾਰ)-

39827	930	ਇਸੁ ਏਕੇ ਕਾ ਜਾਣੈ ਭੇਉ॥		Eis Eaekae Kaa Jaanai Bhaeo ||	One who knows the mystery of the One God,	ਇਸ ਪ੍ਰਭੂ ਦਾ ਇਹ ਭੇਤ ਜਾਣ ਲੈਂਦਾ ਹੈ,
39828	930	ਆਪੇ ਕਰਤਾ ਆਪੇ ਦੇਉ॥੮॥		Aapae Karathaa Aapae Dhaeo ||8||	Is Himself the Creator, Himself the Divine Lord. ||8||	ਕਿ ਪ੍ਰਭੂ ਆਪ ਹੀ ਸਾਰੇ ਜਗਤ ਦਾ ਪੈਦਾ ਕਰਨ ਵਾਲਾ ਹੈ ਤੇ ਆਪ ਹੀ (ਆਪ ਜੋਤਿ ਨਾਲ ਇਸ ਨੂੰ) ਚਾਨਣ ਦੇਣ ਵਾਲਾ ਹੈ (ਭਾਵ, ਪ੍ਰਭੂ ਆਪ ਹੀ ਇਸ ਜਗਤ ਨੂੰ ਜੀਵਨ-ਰਾਹ ਸਿਖਾਣ ਵਾਲਾ) ਹੈ ॥੮॥
39829	930	ਉਗਵੈ ਸੂਰੁ ਅਸੁਰ ਸੰਘਾਰੈ॥	ਅ-ਸੁਰ	Ougavai Soor Asur Sanghaarai ||	When the sun rises, the demons are slain;	(ਜਿਸ ਮਨੁੱਖ ਦੇ ਅੰਦਰ ਸਤਿਗੁਰੂ ਦੇ ਬਖ਼ਸ਼ੇ ਹੋਏ ਗਿਆਨ ਦੀ) ਰੌਸ਼ਨੀ ਪੈਦਾ ਹੁੰਦੀ ਹੈ ਉਹ (ਆਪਣੇ ਅੰਦਰੋਂ) ਕਾਮਾਦਿਕ ਵਿਕਾਰਾਂ ਨੂੰ ਮਾਰ ਮੁਕਾਂਦਾ ਹੈ।
39830	930	ਊਚਉ ਦੇਖਿ ਸਬਦਿ ਬੀਚਾਰੈ॥		Oocho Dhaekh Sabadh Beechaarai ||	The mortal looks upwards, and contemplates the Shabad.	ਸਤਿਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਪਰਮ ਪੁਰਖ ਦਾ ਦੀਦਾਰ ਕਰ ਕੇ (ਉਹ ਮਨੁੱਖ ਫਿਰ ਇਉਂ) ਸੋਚਦਾ ਹੈ (ਕਿ)
39831	930	ਊਪਰਿ ਆਦਿ ਅੰਤਿ ਤਿਹੁ ਲੋਇ॥		Oopar Aadh Anth Thihu Loe ||	The Lord is beyond the beginning and the end, beyond the three worlds.	ਜਦ ਤਕ ਸ੍ਰਿਸ਼ਟੀ ਕਾਇਮ ਹੈ ਉਹ ਪਰਮਾਤਮਾ ਸਾਰੇ ਜਗਤ ਵਿਚ (ਹਰੇਕ ਦੇ ਸਿਰ) ਉਤੇ ਆਪ (ਰਾਖਾ) ਹੈ,
39832	930	ਆਪੇ ਕਰੈ ਕਥੈ ਸੁਣੈ ਸੋਇ॥		Aapae Karai Kathhai Sunai Soe ||	He Himself acts, speaks and listens.	ਉਹ ਆਪ ਹੀ (ਸਭ ਜੀਵਾਂ ਵਿਚ ਵਿਆਪਕ ਹੋ ਕੇ) ਕਿਰਤ-ਕੰਮ ਕਰਦਾ ਹੈ ਬੋਲਦਾ ਹੈ ਤੇ ਸੁਣਦਾ ਹੈ,

39833	931	ਓਹੁ ਬਿਧਾਤਾ ਮਨੁ ਤਨੁ ਦੇਇ ॥	ਦੇ-ਇ	Ouhu Bidhhaathaa Man Than Dhaee ||	He is the Architect of Destiny; He blesses us with mind and body.	ਉਹ ਸਿਰਜਣਹਾਰ (ਸਭ ਜੀਆਂ) ਨੂੰ ਜਿੰਦ ਤੇ ਸਰੀਰ ਦੇਂਦਾ ਹੈ,
39834	931	ਓਹੁ ਬਿਧਾਤਾ ਮਨਿ ਮੁਖਿ ਸੋਇ॥		Ouhu Bidhhaathaa Man Mukh Soe ||	That Architect of Destiny is in my mind and mouth.	ਸਭ ਜੀਆਂ ਦੇ ਅੰਦਰ ਬੈਠ ਕੇ ਉਹ ਆਪ ਹੀ ਬੋਲਦਾ ਹੈ,
39835	931	ਪ੍ਰਭੁ ਜਗਜੀਵਨੁ ਅਵਰੁ ਨ ਕੋਇ॥	ਜੱਗਜੀਵਨੁ	Prabh Jagajeevan Avar N Koe ||	God is the Life of the world; there is no other at all.	ਤੇ, ਪਰਮਾਤਮਾ (ਹੀ) ਜਗਤ ਦਾ ਆਸਰਾ ਹੈ, (ਉਸ ਤੋਂ ਬਿਨਾ) ਕੋਈ ਹੋਰ (ਆਸਰਾ) ਨਹੀਂ ਹੈ।
39836	931	ਨਾਨਕ ਨਾਮਿ ਰਤੇ ਪਤਿ ਹੋਇ॥੯॥		Naanak Naam Rathae Path Hoe ||9||	O Nanak, imbued with the Naam, the Name of the Lord, one is honored. ||9||	ਹੇ ਨਾਨਕ! (ਉਸ) ਪਰਮਾਤਮਾ ਦੇ ਨਾਮ ਵਿਚ ਰੰਗੀਜ ਕੇ (ਹੀ) ਆਦਰ-ਸਤਕਾਰ ਮਿਲਦਾ ਹੈ ॥੯॥
39837	931	ਰਾਜਨਰਾਮ ਰਵੈ ਹਿਤਕਾਰਿ॥		Raajan Raam Ravai Hithakaar ||	One who lovingly chants the Name of the Sovereign Lord King,	(ਜੋ ਮਨੁੱਖ) ਪ੍ਰਕਾਸ਼-ਸਰੂਪ ਪਰਮਾਤਮਾ ਨੂੰ ਪ੍ਰੇਮ ਨਾਲ ਸਿਮਰਦਾ ਹੈ,
39838	931	ਰਣ ਮਹਿ ਲੂਝੈ ਮਨੂਆ ਮਾਰਿ॥		Ran Mehi Loojhai Manooaa Maar ||	Fights the battle and conquers his own mind;	ਉਹ ਆਪਣੇ ਕੋਝੇ ਮਨ ਨੂੰ ਵੱਸ ਵਿਚ ਲਿਆ ਕੇ ਇਸ ਜਗਤ-ਅਖਾੜੇ ਵਿਚ (ਕਾਮਾਦਿਕ ਵੈਰੀਆਂ ਨਾਲ) ਲੜਦਾ ਹੈ,
39839	931	ਰਾਤਿ ਦਿਨੰਤਿ ਰਹੈ ਰੰਗਿ ਰਾਤਾ॥		Raath Dhinanth Rehai Rang Raathaa ||	Day and night, he remains imbued with the Lord's Love.	ਉਹ ਮਨੁੱਖ ਦਿਨੇ ਰਾਤ ਪਰਮਾਤਮਾ ਦੇ ਪਿਆਰ ਵਿਚ ਰੰਗਿਆ ਰਹਿੰਦਾ ਹੈ,

39840	931	ਤੀਨਿ ਭਵਨ ਜੁਗ ਚਾਰੇ ਜਾਤਾ॥		Theen Bhavan Jug Chaarae Jaathaa ||	He is famous throughout the three worlds and the four ages.	ਤਿੰਨ ਭਵਨਾਂ ਵਿਚ ਵਿਆਪਕ ਤੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨਾਲ ਉਹ ਮਨੁੱਖ (ਪੱਕੀ) ਜਾਣ-ਪਛਾਣ ਪਾ ਲੈਂਦਾ ਹੈ।
39841	931	ਜਿਨਿ ਜਾਤਾ ਸੋ ਤਿਸ ਹੀ ਜੇਹਾ॥		Jin Jaathaa So This Hee Jaehaa ||	One who knows the Lord, becomes like Him.	ਜਿਸ ਮਨੁੱਖ ਨੇ ਪਰਮਾਤਮਾ ਨਾਲ ਜਾਣ-ਪਛਾਣ ਪਾ ਲਈ, ਉਹ ਉਸ ਵਰਗਾ ਹੀ ਹੋ ਗਿਆ (ਭਾਵ, ਉਹ ਮਾਇਆ ਦੀ ਮਾਰ ਤੋਂ ਉਤਾਂਹ ਹੋ ਗਿਆ),
39842	931	ਅਤਿ ਨਿਰਮਾਇਲੁ ਸੀਝਸਿ ਦੇਹਾ॥		Ath Niramaaeil Seejhas Dhaehaa ||	He becomes absolutely immaculate, and his body is sanctified.	ਉਸ ਦਾ ਆਤਮਾ ਬੜਾ ਹੀ ਪਵਿਤ੍ਰ ਹੋ ਜਾਂਦਾ ਹੈ, ਤੇ ਉਸ ਦਾ ਸਰੀਰ ਭੀ ਸਫਲ ਹੋ ਜਾਂਦਾ ਹੈ,
39843	931	ਰਹਸੀ ਰਾਮੁ ਰਿਦੈ ਇਕ ਭਾਇ॥	ਰਹਸੀ:ਪੋਲਾ ਮਿਲਵਾਂ	Rehasee Raam Ridhai Eik Bhaae ||	His heart is happy, in love with the One Lord.	ਆਨੰਦ-ਸਰੂਪ ਪਰਮਾਤਮਾ ਸਦਾ ਉਸ ਦੇ ਹਿਰਦੇ ਵਿਚ ਟਿਕਿਆ ਰਹਿੰਦਾ ਹੈ,
39844	931	ਅੰਤਰਿ ਸਬਦੁ ਸਾਚਿ ਲਿਵ ਲਾਇ॥੧੦॥		Anthar Sabadh Saach Liv Laae ||10||	He lovingly centers his attention deep within upon the True Word of the Shabad. ||10||	ਉਸ ਦੇ ਮਨ ਵਿਚ ਸਤਿਗੁਰੂ ਦਾ ਸ਼ਬਦ ਵੱਸਦਾ ਹੈ ਤੇ ਉਹ ਮਨੁੱਖ ਸਦਾ-ਥਿਰ ਪ੍ਰਭੂ ਵਿਚ ਸੁਰਤ ਜੋੜੀ ਰੱਖਦਾ ਹੈ ॥੧੦॥

39845	931	ਰੋਸੁ ਨ ਕੀਜੈ ਅੰਮ੍ਰਿਤੁ ਪੀਜੈ ਰਹਣੁ ਨਹੀ ਸੰਸਾਰੇ॥		Ros N Keejai Anmrith Peejai Rehan Nehee Sansaarae ||	Don't be angry - drink in the Ambrosial Nectar; you shall not remain in this world forever.	(ਹੇ ਪਾਂਡੇ! ਗੁਰੂ ਦੇ ਸਨਮੁਖ ਹੋ ਕੇ ਗੋਪਾਲ ਦਾ ਨਾਮ ਆਪਣੇ ਮਨ ਦੀ ਪੱਟੀ ਉਤੇ ਲਿਖ, ਉਸ ਗੋਪਾਲ ਨਾਲ) ਰੁਸੇਵਾਂ ਹੀ ਨਾਹ ਕਰੀ ਰੱਖੋ, ਉਸ ਦਾ ਨਾਮ-ਅੰਮ੍ਰਿਤ ਪੀਉ। ਇਸ ਸੰਸਾਰ ਵਿਚ ਸਦਾ ਦਾ ਵਸੇਬਾ ਨਹੀਂ ਹੈ।
39846	931	ਰਾਜੇ ਰਾਇ ਰੰਕ ਨਹੀ ਰਹਣਾ ਆਇ ਜਾਇ ਜੁਗ ਚਾਰੇ॥		Raajae Raae Rank Nehee Rehanaa Aae Jaae Jug Chaarae ||	The ruling kings and the paupers shall not remain; they come and go, throughout the four ages.	ਰਾਜੇ ਹੋਣ, ਅਮੀਰ ਹੋਣ, ਚਾਹੇ ਕੰਗਾਲ ਹੋਣ, ਕੋਈ ਭੀ ਇਥੇ ਸਦਾ ਨਹੀਂ ਰਹਿ ਸਕਦਾ। ਜੋ ਜੰਮਿਆ ਹੈ ਉਸ ਨੇ ਮਰਨਾ ਹੈ, (ਇਹ ਨਿਯਮ) ਸਦਾ ਲਈ (ਅਟੱਲ) ਹੈ।
39847	931	ਰਹਣ ਕਹਣ ਤੇ ਰਹੈ ਨ ਕੋਈ ਕਿਸੁ ਪਹਿ ਕਰਉ ਬਿਨੰਤੀ॥		Rehan Kehan Thae Rehai N Koee Kis Pehi Karo Binanthee ||	Everyone says that they will remain, but none of them remain; unto whom should I offer my prayer?	ਇਥੇ ਸਦਾ ਟਿਕੇ ਰਹਿਣ ਲਈ ਤਰਲੇ ਕਰਨ ਨਾਲ ਭੀ ਕੋਈ ਸਦਾ ਟਿਕਿਆ ਰਹਿ ਨਹੀਂ ਸਕਦਾ, ਇਸ ਗੱਲ ਵਾਸਤੇ ਕਿਸੇ ਅੱਗੇ ਤਰਲੇ ਲੈਣੇ ਵਿਅਰਥ ਹਨ।
39848	931	ਏਕੁ ਸਬਦੁ ਰਾਮ ਨਾਮਨਿਰੋਧਰੁ ਗੁਰੁ ਦੇਵੈ ਪਤਿ ਮਤੀ॥੧੧॥	(ਨਿਰੋਧਰੁ)ਮਨ ਨੂੰ ਰੋਕਣ ਵਾਲੇ। ਮੱਤੀ	Eaek Sabadh Raam Naam Nirodhhar Gur Dhaevai Path Mathee ||11||	The One Shabad, the Name of the Lord, will never fail you; the Guru grants honor and understanding. ||11||	(ਹਾਂ, ਹੇ ਪਾਂਡੇ! ਗੁਰੂ ਦੀ ਸਰਨ ਆਓ) ਸਤਿਗੁਰੂ ਪਰਮਾਤਮਾ ਦੇ ਨਾਮ ਦੀ ਵਡਿਆਈ ਦਾ ਸ਼ਬਦ ਬਖ਼ਸ਼ਦਾ ਹੈ ਜੋ ਵਿਕਾਰਾਂ ਤੋਂ ਬਚਾ ਲੈਂਦਾ ਹੈ, ਤੇ, ਸਤਿਗੁਰੂ ਪ੍ਰਭੂ-ਪਤੀ ਨਾਲ ਮਿਲਣ ਦੀ ਅਕਲ ਦੇਂਦਾ ਹੈ ॥੧੧॥

39849	931	ਲਾਜ ਮਰੰਤੀ ਮਰਿ ਗਈ ਘੂਘਟੁ ਖੋਲਿ ਚਲੀ॥		Laaj Maranthee Mar Gee Ghooghatt Khol Chalee ||	My shyness and hesitation have died and gone, and I walk with my face unveiled.	(ਹੇ ਪਾਂਡੇ!) (ਗੁਰੂ ਦੀ ਸਰਨ ਪੈਣ ਵਾਲੀ ਜੀਵ ਇਸਤ੍ਰੀ ਦੀ) ਦੁਨੀਆ ਦੇ ਨੱਕ-ਨਮੂਜ ਦਾ ਸਦਾ ਧਿਆਨ ਰੱਖਣ ਵਾਲੀ (ਪਹਿਲੀ ਅਕਲ) ਮੁੱਕ ਜਾਂਦੀ ਹੈ, ਹੁਣ ਉਹ ਲੋਕ-ਲਾਜ ਦਾ ਘੁੰਡ ਲਾਹ ਕੇ ਤੁਰਦੀ ਹੈ।
39850	931	ਸਾਸੁ ਦਿਵਾਨੀ ਬਾਵਰੀ ਸਿਰ ਤੇ ਸੰਕ ਟਲੀ॥	ਟਲੀ:ਪੋਲਾ ਬੋਲੋ	Saas Dhivaanee Baavaree Sir Thae Sank Ttalee ||	The confusion and doubt from my crazy, insane mother-in-law has been removed from over my head.	(ਜਿਸ ਮਾਇਆ ਨੇ ਉਸ ਨੂੰ ਪਤੀ-ਪ੍ਰਭੂ ਵਿਚ ਜੁੜਨ ਤੋਂ ਰੋਕਿਆ ਹੋਇਆ ਸੀ, ਉਸ) ਝੱਲੀ ਕਮਲੀ ਮਾਇਆ ਦਾ ਸਹਿਮ ਉਸ ਦੇ ਸਿਰ ਤੋਂ ਹਟ ਜਾਂਦਾ ਹੈ।
39851	931	ਪ੍ਰੇਮਿ ਬੁਲਾਈ ਰਲੀ ਸਿਉ ਮਨ ਮਹਿ ਸਬਦੁ ਅਨੰਦੁ॥		Praem Bulaaee Ralee Sio Man Mehi Sabadh Anandh ||	My Beloved has summoned me with joyful caresses; my mind is filled with the bliss of the Shabad.	ਉਸ ਨੂੰ ਪ੍ਰਭੂ-ਪਤੀ ਪਿਆਰ ਤੇ ਚਾਉ ਨਾਲ ਸੱਦਦਾ ਹੈ (ਭਾਵ, ਆਪਣੀ ਯਾਦ ਦੀ ਖਿੱਚ ਬਖ਼ਸ਼ਦਾ ਹੈ), ਉਸ ਦੇ ਮਨ ਵਿਚ (ਸਤਿਗੁਰੂ ਦਾ) ਸ਼ਬਦ (ਆ ਵੱਸਦਾ ਹੈ, ਉਸ ਦੇ ਮਨ ਵਿਚ) ਆਨੰਦ (ਟਿਕਿਆ ਰਹਿੰਦਾ) ਹੈ।
39852	931	ਲਾਲਿ ਰਤੀ ਲਾਲੀ ਭਈ ਗੁਰਮੁਖਿ ਭਈ ਨਿਚਿੰਦੁ॥੧੨॥		Laal Rathee Laalee Bhee Guramukh Bhee Nichindh ||12||	Imbued with the Love of my Beloved, I have become Gurmukh, and carefree. ||12||	ਜੋ ਜੀਵ-ਇਸਤ੍ਰੀ ਗੁਰੂ ਦੀ ਸਰਨ ਆਉਂਦੀ ਹੈ ਉਸ ਨੂੰ ਦੁਨੀਆ ਵਾਲੀ ਕੋਈ ਚਿੰਤਾ ਪੋਹ ਨਹੀਂ ਸਕਦੀ, ਪ੍ਰੀਤਮ-ਪਤੀ (ਦੇ ਪ੍ਰੇਮ) ਵਿਚ ਰੰਗੀ ਹੋਈ ਦੇ ਮੂੰਹ ਉਤੇ ਲਾਲੀ ਭਖ ਆਉਂਦੀ ਹੈ ॥੧੨॥

39853	931	ਲਾਹਾ ਨਾਮੁ ਰਤਨੁ ਜਪਿ ਸਾਰੁ॥		Laahaa Naam Rathan Jap Saar ||	Chant the jewel of the Naam, and earn the profit of the Lord.	(ਹੇ ਪਾਂਡੇ! ਪਰਮਾਤਮਾ ਦਾ) ਸ੍ਰੇਸ਼ਟ ਨਾਮ ਜਪ, ਸ੍ਰੇਸ਼ਟ ਨਾਮ ਹੀ ਅਸਲ ਖੱਟੀ-ਕਮਾਈ ਹੈ।
39854	931	ਲਬੁ ਲੋਭੁ ਬੁਰਾ ਅਹੰਕਾਰੁ॥		Lab Lobh Buraa Ahankaar ||	Greed, avarice, evil and egotism;	ਜੀਭ ਦਾ ਚਸਕਾ, ਮਾਇਆ ਦਾ ਲਾਲਚ, ਅਹੰਕਾਰ (ਇਹ ਕਰਮ ਬੁਰਾ ਹੈ)।
39855	931	ਲਾੜੀ ਚਾੜੀ ਲਾਇਤਬਾਰੁ॥	(ਲਾੜੀ)ਨਿੰਦਾ। (ਚਾੜੀ)ਉਸਤਤ। (ਲਾਇਤਬਾਰੁ)ਚੁਗਲੀ। ਚਾੜੀ:ਪੋਲਾ (੨ ਲਾ ਇਤਬਾਰੁ)	Laarree Chaarree Laaeithabaar ||	Slander, inuendo and gossip;	ਨਿੰਦਿਆ, ਖ਼ੁਸ਼ਾਮਦ, ਚੁਗ਼ਲੀ- ਇਹ ਹਰੇਕ ਕੰਮ ਮਾੜਾ ਹੈ।
39856	931	ਮਨਮੁਖੁ ਅੰਧਾ ਮੁਗਧੁ ਗਵਾਰੁ॥		Manamukh Andhhaa Mugadhh Gavaar ||	The self-willed manmukh is blind, foolish and ignorant.	ਜੋ ਮਨੁੱਖ (ਪਰਮਾਤਮਾ ਦਾ ਸਿਮਰਨ ਛੱਡ ਕੇ) ਆਪਣੇ ਮਨ ਦੇ ਪਿੱਛੇ ਤੁਰਦਾ ਹੈ (ਤੇ ਲਬ ਲੋਭ ਆਦਿਕ ਕਰਦਾ ਹੈ) ਉਹ ਮੂਰਖ, ਮੂੜ੍ਹ, ਤੇ ਅੰਨ੍ਹਾ ਹੈ (ਭਾਵ, ਉਸ ਨੂੰ ਜੀਵਨ ਦਾ ਸਹੀ ਰਾਹ ਨਹੀਂ ਦਿੱਸਦਾ)।
39857	931	ਲਾਹੇ ਕਾਰਣਿ ਆਇਆ ਜਗਿ॥		Laahae Kaaran Aaeiaa Jag ||	For the sake of earning the profit of the Lord, the mortal comes into the world.	ਜੀਵ ਜਗਤ ਵਿਚ ਕੁਝ ਖੱਟਣ ਦੀ ਖ਼ਾਤਰ ਆਉਂਦਾ ਹੈ,
39858	931	ਹੋਇ ਮਜੂਰੁ ਗਇਆ ਠਗਾਇ ਠਗਿ॥	ਗ–ਇਆ	Hoe Majoor Gaeiaa Thagaae Thag ||	But he becomes a mere slave laborer, and is mugged by the mugger, Maya.	ਪਰ (ਮਾਇਆ ਦਾ) ਗੋਲਾ ਬਣ ਕੇ ਮੋਹ ਦੇ ਹੱਥੋਂ ਜੀਵਨ-ਖੇਡ ਹਾਰ ਕੇ ਜਾਂਦਾ ਹੈ।

39859	931	ਲਾਹਾ ਨਾਮੁ ਪੂੰਜੀ ਵੇਸਾਹੁ॥		Laahaa Naam Poonjee Vaesaahu ||	One who earns the profit of the Naam, with the capital of faith,	ਜੋ ਮਨੁੱਖ ਸਰਧਾ ਨੂੰ ਰਾਸ-ਪੂੰਜੀ ਬਣਾਂਦਾ ਹੈ ਤੇ (ਇਸ ਪੂੰਜੀ ਦੀ ਰਾਹੀਂ) ਪਰਮਾਤਮਾ ਦਾ ਨਾਮ ਖੱਟਦਾ-ਕਮਾਂਦਾ ਹੈ,
39860	931	ਨਾਨਕ ਸਚੀ ਪਤਿ ਸਚਾ ਪਾਤਿਸਾਹੁ॥੧੩॥		Naanak Sachee Path Sachaa Paathisaahu ||13||	O Nanak, is truly honored by the True Supreme King. ||13||	ਹੇ ਨਾਨਕ! ਉਸ ਨੂੰ ਸਦਾ-ਥਿਰ ਪਾਤਿਸ਼ਾਹ ਸਦਾ ਟਿਕੀ ਰਹਿਣ ਵਾਲੀ ਇੱਜ਼ਤ ਬਖ਼ਸ਼ਦਾ ਹੈ ॥੧੩॥
39861	931	ਆਇ ਵਿਗੂਤਾ ਜਗੁ ਜਮ ਪੰਥੁ॥		Aae Vigoothaa Jag Jam Panthh ||	The world is ruined on the path of Death.	ਜੀਵ (ਸੰਸਾਰ ਵਿਚ) ਜਨਮ ਲੈ ਕੇ (ਗੋਪਾਲ ਦੀ ਭਗਤੀ ਦੇ ਥਾਂ ਮਾਇਆ ਦੀ ਖ਼ਾਤਰ) ਖ਼ੁਆਰ ਹੁੰਦਾ ਹੈ, ਤੇ ਆਤਮਕ ਮੌਤ ਦਾ ਰਾਹ ਫੜ ਲੈਂਦਾ ਹੈ।
39862	931	ਆਈ ਨ ਮੇਟਣ ਕੋ ਸਮਰਥੁ॥	(ਆਈ)ਮੌਤ ਆਈ ਵਾ ਜੋਤਿ ਸਭ ਚ ਆਈ ਹੈ।ਸਮਰੱਥੁ	Aaee N Maettan Ko Samarathh ||	No one has the power to erase Maya's influence.	ਅਤੇ ਮਾਇਆ ਦੀ ਤ੍ਰਿਸ਼ਨਾ ਨੂੰ ਮਿਟਾਣ-ਜੋਗਾ ਨਹੀਂ ਹੁੰਦਾ।
39863	931	ਆਥਿ ਸੈਲ ਨੀਚ ਘਰਿ ਹੋਇ॥		Aathh Sail Neech Ghar Hoe ||	If wealth visits the home of the lowliest clown,	(ਜਗਤ ਦਾ ਝੱਲ-ਪੁਣਾ ਵੇਖੋ ਕਿ) ਜੇ ਬਹੁਤੀ ਮਾਇਆ ਕਿਸੇ ਚੰਦਰੇ ਮਨੁੱਖ ਦੇ ਘਰ ਵਿਚ ਹੋਵੇ,
39864	931	ਆਥਿ ਦੇਖਿ ਨਿਵੈ ਜਿਸੁ ਦੋਇ॥		Aathh Dhaekh Nivai Jis Dhoe ||	Seeing that wealth, all pay their respects to him.	ਤਾਂ ਉਸ ਦੀ ਮਾਇਆ ਨੂੰ ਵੇਖ ਕੇ (ਗਰੀਬ ਅਮੀਰ) ਦੋਵੇਂ (ਉਸ ਚੰਦਰੇ ਅੱਗੇ ਭੀ) ਲਿਫ਼ਦੇ ਹਨ;
39865	931	ਆਥਿ ਹੋਇ ਤਾ ਮੁਗਧੁ ਸਿਆਨਾ॥		Aathh Hoe Thaa Mugadhh Siaanaa ||	Even an idiot is thought of as clever, if he is rich.	ਜੇ ਮਾਇਆ (ਪੱਲੇ) ਹੋਵੇ ਤਾਂ ਮੂਰਖ ਬੰਦਾ ਭੀ ਸਿਆਣਾ (ਮੰਨਿਆ ਜਾਂਦਾ) ਹੈ।

39866	931	ਭਗਤਿ ਬਿਹੂਨਾ ਜਗੁ ਬਉਰਾਨਾ॥		Bhagath Bihoonaa Jag Bouraanaa ||	Without devotional worship, the world is insane.	ਭਗਤੀ ਤੋਂ ਵਾਂਝਾ ਹੋਣ ਕਰ ਕੇ ਜਗਤ ਝੱਲਾ ਹੋਇਆ ਫਿਰਦਾ ਹੈ।
39867	931	ਸਭ ਮਹਿ ਵਰਤੈ ਏਕੋ ਸੋਇ॥		Sabh Mehi Varathai Eaeko Soe ||	The One Lord is contained among all.	(ਝੱਲ-ਪੁਣੇ ਵਿਚ ਨਹੀਂ ਸਮਝਦਾ ਕਿ ਭਾਵੇਂ ਕੋਈ ਗ਼ਰੀਬ ਹੈ ਭਾਵੇਂ ਅਮੀਰ) ਉਹ (ਗੋਪਾਲ) ਆਪ ਹੀ ਸਭ ਜੀਵਾਂ ਵਿਚ ਮੌਜੂਦ ਹੈ,
39868	931	ਜਿਸ ਨੋ ਕਿਰਪਾ ਕਰੇ ਤਿਸੁ ਪਰਗਟੁ ਹੋਇ॥੧੪॥		Jis No Kirapaa Karae This Paragatt Hoe ||14||	He reveals Himself, unto those whom He blesses with His Grace. ||14||	ਪਰ ਇਹ ਸੂਝ ਉਸ ਮਨੁੱਖ ਨੂੰ ਆਉਂਦੀ ਹੈ ਜਿਸ ਉਤੇ (ਗੋਪਾਲ ਆਪ) ਕਿਰਪਾ ਕਰਦਾ ਹੈ ॥੧੪॥
39869	931	ਜੁਗਿ ਜੁਗਿ ਥਾਪਿ ਸਦਾ ਨਿਰਵੈਰੁ॥		Jug Jug Thhaap Sadhaa Niravair ||	Throughout the ages, the Lord is eternally established; He has no vengeance.	(ਹੇ ਪਾਂਡੇ! ਉਸ ਗੋਪਾਲ ਦਾ ਨਾਮ ਆਪਣੇ ਮਨ ਦੀ ਪੱਟੀ ਤੇ ਲਿਖ) ਜੋ ਸਦਾ ਹੀ (ਬਹੁ-ਰੰਗੀ ਦੁਨੀਆ) ਪੈਦਾ ਕਰ ਕੇ ਆਪ ਨਿਰਵੈਰ ਰਹਿੰਦਾ ਹੈ,
39870	931	ਜਨਮਿ ਮਰਣਿ ਨਹੀ ਧੰਧਾ ਧੈਰੁ॥	(ਨਹੀ)ਦੇਲ੍ਹੀ ਦੀਪਕ	Janam Maran Nehee Dhhandhhaa Dhhair ||	He is not subject to birth and death; He is not entangled in worldly affairs.	ਜੋ ਜਨਮ ਮਰਨ ਵਿਚ ਨਹੀਂ ਹੈ ਤੇ (ਜਿਸ ਦੇ ਅੰਦਰ ਜਗਤ ਦਾ ਕੋਈ) ਧੰਧਾ ਭਟਕਣਾ ਪੈਦਾ ਨਹੀਂ ਕਰਦਾ।
39871	931	ਜੋ ਦੀਸੈ ਸੋ ਆਪੇ ਆਪਿ॥		Jo Dheesai So Aapae Aap ||	Whatever is seen, is the Lord Himself.	ਜੋ ਕੁਝ (ਜਗਤ ਵਿਚ) ਦਿੱਸ ਰਿਹਾ ਹੈ ਉਹ ਗੋਪਾਲ ਆਪ ਹੀ ਆਪ ਹੈ (ਭਾਵ, ਉਸ ਗੋਪਾਲ ਦਾ ਹੀ ਸਰੂਪ ਹੈ)।

39872	931	ਆਪਿ ਉਪਾਇ ਆਪੇ ਘਟ ਥਾਪਿ॥		Aap Oupaae Aapae Ghatt Thhaap ||	Creating Himself, He establishes Himself in the heart.	ਉਹ ਗੋਪਾਲ ਆਪ ਹੀ (ਸ੍ਰਿਸ਼ਟੀ) ਪੈਦਾ ਕਰ ਕੇ ਆਪ ਹੀ ਸਾਰੇ ਜੀਵ ਬਣਾਂਦਾ ਹੈ।
39873	931	ਆਪਿ ਅਗੋਚਰੁ ਧੰਧੈ ਲੋਈ॥		Aap Agochar Dhhandhhai Loee ||	He Himself is unfathomable; He links people to their affairs.	(ਹੇ ਪਾਂਡੇ!) ਜਗਤ ਦਾ ਸਹਾਰਾ ਉਹ ਗੋਪਾਲ ਅਪਹੁੰਚ ਹੈ। ਜਗਤ ਭਟਕਣਾ ਵਿਚ (ਫਸਿਆ ਪਿਆ) ਹੈ।
39874	931	ਜੋਗ ਜੁਗਤਿ ਜਗਜੀਵਨੁ ਸੋਈ॥	ਜੱਗਜੀਵਨੁ	Jog Jugath Jagajeevan Soee ||	He is the Way of Yoga, the Life of the World.	(ਉਹ) ਆਪ ਹੀ (ਜੀਵ ਨੂੰ ਇਸ ਭਟਕਣਾ ਵਿਚੋਂ ਕੱਢ ਕੇ) ਆਪਣੇ ਨਾਲ ਮਿਲਣ ਦੀ ਜਾਚ ਸਿਖਾਂਦਾ ਹੈ।
39875	931	ਕਰਿ ਆਚਾਰੁ ਸਚੁ ਸੁਖੁ ਹੋਈ॥		Kar Aachaar Sach Sukh Hoee ||	Living a righteous lifestyle, true peace is found.	(ਹੇ ਪਾਂਡੇ!) ਉਸ ਸਦਾ-ਥਿਰ (ਗੋਪਾਲ ਦੀ ਯਾਦ) ਨੂੰ ਆਪਣਾ ਕਰਤੱਬ ਬਣਾ, ਤਦੋਂ ਹੀ ਸੁਖ ਮਿਲਦਾ ਹੈ।
39876	931	ਨਾਮ ਵਿਹੂਣਾ ਮੁਕਤਿ ਕਿਵ ਹੋਈ॥੧੫॥		Naam Vihoonaa Mukath Kiv Hoee ||15||	Without the Naam, the Name of the Lord, how can anyone find liberation? ||15||	ਉਸ ਦੇ ਨਾਮ ਤੋਂ ਵਾਂਜੇ ਰਹਿ ਕੇ ਧੰਧਿਆਂ ਤੋਂ ਖ਼ਲਾਸੀ ਨਹੀਂ ਹੋ ਸਕਦੀ ॥੧੫॥
39877	931	ਵਿਣੁ ਨਾਵੈ ਵੈਰੋਧੁ ਸਰੀਰ॥		Vin Naavai Vaerodhh Sareer ||	Without the Name, even one's own body is an enemy.	(ਹੇ ਪਾਂਡੇ! ਤੂੰ ਕਿਉਂ ਗੋਪਾਲ ਦਾ ਨਾਮ ਆਪਣੇ ਮਨ ਦੀ ਪੱਟੀ ਉਤੇ ਨਹੀਂ ਲਿਖਦਾ?) ਨਾਮ ਸਿਮਰਨ ਤੋਂ ਬਿਨਾ ਗਿਆਨ ਇੰਦ੍ਰਿਆਂ ਦਾ ਆਤਮਕ ਜੀਵਨ ਨਾਲ ਵਿਰੋਧ ਪੈ ਜਾਂਦਾ ਹੈ।

39878	931	ਕਿਉ ਨ ਮਿਲਹਿ ਕਾਟਹਿ ਮਨ ਪੀਰ॥		Kio N Milehi Kaattehi Man Peer ||	Why not meet the Lord, and take away the pain of your mind?	ਤੂੰ ਕਿਉਂ (ਗੋਪਾਲ ਦੀ ਯਾਦ ਵਿਚ) ਨਹੀਂ ਜੁੜਦਾ? ਤੇ, ਕਿਉਂ ਆਪਣੇ ਮਨ ਦਾ ਰੋਗ ਦੂਰ ਨਹੀਂ ਕਰਦਾ? (ਗੋਪਾਲ ਦਾ)
39879	931	ਵਾਟ ਵਟਾਊ ਆਵੈ ਜਾਇ॥		Vaatt Vattaaoo Aavai Jaae ||	The traveller comes and goes along the highway.	(ਗੋਪਾਲ ਦਾ ਨਾਮ ਆਪਣੇ ਮਨ ਦੀ ਪੱਟੀ ਤੇ ਲਿਖਣ ਤੋਂ ਬਿਨਾ) ਜੀਵ-ਮੁਸਾਫ਼ਿਰ ਜਗਤ ਵਿਚ (ਜਿਹਾ) ਆਉਂਦਾ ਹੈ ਤੇ (ਤਿਹਾ ਹੀ ਇਥੋਂ) ਤੁਰ ਜਾਂਦਾ ਹੈ,
39880	931	ਕਿਆ ਲੇ ਆਇਆ ਕਿਆ ਪਲੈ ਪਾਇ॥		Kiaa Lae Aaeiaa Kiaa Palai Paae ||	What did he bring when he came, and what will he take away when he goes?	(ਨਾਮ ਦੀ ਕਮਾਈ ਤੋਂ) ਸੱਖਣਾ ਹੀ ਇਥੇ ਆਉਂਦਾ ਹੈ ਤੇ (ਇਥੇ ਰਹਿ ਕੇ ਭੀ) ਕੋਈ ਆਤਮਕ ਖੱਟੀ ਨਹੀਂ ਖੱਟਦਾ।
39881	931	ਵਿਣੁ ਨਾਵੈ ਤੋਟਾ ਸਭ ਥਾਇ॥		Vin Naavai Thottaa Sabh Thhaae ||	Without the Name, one loses everywhere.	ਨਾਮ ਤੋਂ ਵਾਂਜੇ ਰਿਹਾਂ ਹਰ ਥਾਂ ਘਾਟਾ ਹੀ ਘਾਟਾ ਹੁੰਦਾ ਹੈ (ਭਾਵ, ਮਨੁੱਖ ਪ੍ਰਭੂ ਨੂੰ ਵਿਸਾਰ ਕੇ ਜੋ ਭੀ ਕਿਰਤ-ਕਾਰ ਕਰਦਾ ਹੈ ਉਹ ਖੋਟੀ ਹੋਣ ਕਰ ਕੇ ਉੱਚੇ ਜੀਵਨ ਵਲੋਂ ਹੋਰ ਹੋਰ ਪਰੇ ਲੈ ਜਾਂਦੀ ਹੈ)।
39882	931	ਲਾਹਾ ਮਿਲੈ ਜਾ ਦੇਇ ਬੁਝਾਇ॥	ਦੇ-ਇ। ਬੁਝਾਇ:ਪੋਲਾ ਬੋਲੋ	Laahaa Milai Jaa Dhaee Bujhaae ||	The profit is earned, when the Lord grants understanding.	ਪਰ ਮਨੁੱਖ ਨੂੰ ਪ੍ਰਭੂ ਦੇ ਨਾਮ ਦੀ ਖੱਟੀ ਤਦੋਂ ਹੀ ਪ੍ਰਾਪਤ ਹੁੰਦੀ ਹੈ ਜਦੋਂ ਗੋਪਾਲ ਆਪ ਇਹ ਸੂਝ ਬਖ਼ਸ਼ਦਾ ਹੈ।
39883	931	ਵਣਜੁ ਵਾਪਾਰੁ ਵਣਜੈ ਵਾਪਾਰੀ॥		Vanaj Vaapaar Vanajai Vaapaaree ||	In merchandise and trade, the merchant is trading.	ਨਾਮ ਤੋਂ ਸੱਖਣਾ ਰਹਿ ਕੇ ਜੀਵ-ਵਣਜਾਰਾ ਹੋਰ ਹੋਰ ਵਣਜ-ਵਪਾਰ ਹੀ ਕਰਦਾ ਹੈ,

39884	931	ਵਿਣੁ ਨਾਵੈ ਕੈਸੀ ਪਤਿ ਸਾਰੀ॥੧੬॥		Vin Naavai Kaisee Path Saaree ||16||	Without the Name, how can one find honor and nobility? ||16||	ਤੇ (ਪਰਮਾਤਮਾ ਦੀ ਹਜ਼ੂਰੀ ਵਿਚ) ਇਸ ਦੀ ਚੰਗੀ ਸਾਖ ਨਹੀਂ ਬਣਦੀ ॥੧੬॥
39885	931	ਗੁਣ ਵੀਚਾਰੇ ਗਿਆਨੀ ਸੋਇ॥		Gun Veechaarae Giaanee Soe ||	One who contemplates the Lord's Virtues is spiritually wise.	(ਹੇ ਪਾਂਡੇ!) ਉਹੀ ਮਨੁੱਖ ਗੋਪਾਲ-ਪ੍ਰਭੂ ਨਾਲ ਸਾਂਝ ਵਾਲਾ ਹੁੰਦਾ ਹੈ ਜੋ ਉਸ ਦੇ ਗੁਣਾਂ ਨੂੰ ਆਪਣੇ ਮਨ ਵਿਚ ਥਾਂ ਦੇਂਦਾ ਹੈ;
39886	931	ਗੁਣ ਮਹਿ ਗਿਆਨੁ ਪਰਾਪਤਿ ਹੋਇ॥		Gun Mehi Giaan Paraapath Hoe ||	Through His Virtues, one receives spiritual wisdom.	ਗੋਪਾਲ ਦੇ ਗੁਣਾਂ ਵਿਚ (ਚਿੱਤ ਜੋੜਿਆਂ ਹੀ) ਗੋਪਾਲ ਨਾਲ ਸਾਂਝ ਬਣਦੀ ਹੈ।
39887	931	ਗੁਣ ਦਾਤਾ ਵਿਰਲਾ ਸੰਸਾਰਿ॥		Gunadhaathaa Viralaa Sansaar ||	How rare in this world, is the Giver of virtue.	ਪਰ ਜਗਤ ਵਿਚ ਕੋਈ ਵਿਰਲਾ (ਮਹਾ ਪੁਰਖ ਜੀਵ ਦੀ) ਗੋਪਾਲ ਦੇ ਗੁਣਾਂ ਨਾਲ ਜਾਣ-ਪਛਾਣ ਕਰਾਂਦਾ ਹੈ;
39888	931	ਸਾਚੀ ਕਰਣੀ ਗੁਰ ਵੀਚਾਰਿ॥		Saachee Karanee Gur Veechaar ||	The True way of life comes through contemplation of the Guru.	ਗੋਪਾਲ ਦੇ ਗੁਣ ਯਾਦ ਕਰਨ ਦਾ ਸੱਚਾ ਕਰਤੱਬ ਸਤਿਗੁਰੂ ਦੇ ਉਪਦੇਸ਼ ਦੀ ਰਾਹੀਂ ਹੀ ਹੋ ਸਕਦਾ ਹੈ।
39889	931	ਅਗਮ ਅਗੋਚਰੁ ਕੀਮਤਿ ਨਹੀ ਪਾਇ॥		Agam Agochar Keemath Nehee Paae ||	The Lord is inaccessible and unfathomable. His worth cannot be estimated.	(ਹੇ ਪਾਂਡੇ!) ਉਹ ਗੋਪਾਲ ਅਪਹੁੰਚ ਹੈ, ਜੀਵ ਦੇ ਗਿਆਨ-ਇੰਦ੍ਰੇ ਉਸ ਤਕ ਨਹੀਂ ਅੱਪੜ ਸਕਦੇ, (ਸਤਿਗੁਰੂ ਦੀ ਦਿੱਤੀ ਸੂਝ ਤੋਂ ਬਿਨਾ) ਉਸ ਦੇ ਗੁਣਾਂ ਦੀ ਕਦਰ ਨਹੀਂ ਪੈ ਸਕਦੀ।

39890	932	ਤਾ ਮਿਲੀਐ ਜਾ ਲਏ ਮਿਲਾਇ॥		Thaa Mileeai Jaa Leae Milaae ||	They alone meet Him, whom the Lord causes to meet.	ਉਸ ਪ੍ਰਭੂ ਨੂੰ ਤਦੋਂ ਹੀ ਮਿਲ ਸਕੀਦਾ ਹੈ ਜੇ ਉਹ (ਸਤਿਗੁਰੂ ਦੀ ਰਾਹੀਂ) ਆਪ ਮਿਲਾ ਲਏ।
39891	932	ਗੁਣਵੰਤੀ ਗੁਣ ਸਾਰੇ ਨੀਤ॥		Gunavanthee Gun Saarae Neeth ||	The virtuous soul bride continually contemplates His Virtues.	ਕੋਈ ਭਾਗਾਂ ਵਾਲੀ ਜੀਵ-ਇਸਤ੍ਰੀ ਗੋਪਾਲ ਦੇ ਗੁਣ ਸਦਾ ਚੇਤੇ ਰੱਖਦੀ ਹੈ।
39892	932	ਨਾਨਕ ਗੁਰਮਤਿ ਮਿਲੀਐ ਮੀਤ॥੧੭॥		Naanak Guramath Mileeai Meeth ||17||	O Nanak, following the Guru's Teachings, one meets the Lord, the true friend. ||17||	ਹੇ ਨਾਨਕ! ਸਤਿਗੁਰੂ ਦੀ ਸਿੱਖਿਆ ਦੀ ਬਰਕਤਿ ਨਾਲ ਹੀ ਮਿਤ੍ਰ-ਪ੍ਰਭੂ ਨੂੰ ਮਿਲ ਸਕੀਦਾ ਹੈ ॥੧੭॥
39893	932	ਕਾਮੁ ਕ੍ਰੋਧੁ ਕਾਇਆ ਕਉ ਗਾਲੈ॥		Kaam Krodhh Kaaeiaa Ko Gaalai ||	Unfulfilled sexual desire and unresolved anger waste the body away,	ਕਾਮ ਅਤੇ ਕ੍ਰੋਧ (ਮਨੁੱਖ ਦੇ) ਸਰੀਰ ਨੂੰ ਨਿਰਬਲ ਕਰ ਦੇਂਦਾ ਹੈ,
39894	932	ਜਿਉ ਕੰਚਨ ਸੋਹਾਗਾ ਢਾਲੈ॥		Jio Kanchan Sohaagaa Dtaalai ||	As gold is dissolved by borax.	ਜਿਵੇਂ ਸੋਹਾਗਾ (ਕੁਠਾਲੀ ਵਿਚ ਪਾਏ) ਸੋਨੇ ਨੂੰ ਨਰਮ ਕਰ ਦੇਂਦਾ ਹੈ।
39895	932	ਕਸਿ ਕਸਵਟੀ ਸਹੈ ਸੁ ਤਾਉ॥	ਕਸਿ:ਪੋਲਾ ਬੋਲੋ।ਕਸਵੱਟੀ	Kas Kasavattee Sehai S Thaao ||	The gold is touched to the touchstone, and tested by fire;	ਉਹ (ਢਲਿਆ ਹੋਇਆ) ਸੋਨਾ (ਕੁਠਾਲੀ ਵਿਚ) ਸੇਕ ਸਹਿੰਦਾ ਹੈ,

39896	932	ਨਦਰਿ ਸਰਾਫ ਵੰਨੀ ਸਚੜਾਉ॥		Nadhar Saraaf Vannee Sacharraao ||	When its pure color shows through, it is pleasing to the eye of the assayer.	ਫਿਰ ਕਸਵੱਟੀ ਦੀ ਕੱਸ ਸਹਾਰਦਾ ਹੈ (ਭਾਵ, ਕਸਵੱਟੀ ਤੇ ਘਸਾ ਕੇ ਪਰਖਿਆ ਜਾਂਦਾ ਹੈ), ਤੇ, ਸੋਹਣੇ ਰੰਗ ਵਾਲਾ ਉਹ ਸੋਨਾ ਸਰਾਫ਼ ਦੀ ਨਜ਼ਰ ਵਿਚ ਕਬੂਲ ਪੈਂਦਾ ਹੈ। (ਕਾਮ ਕ੍ਰੋਧ ਨਾਲ ਨਿਰਬਲ ਹੋਇਆ ਜੀਵ ਭੀ ਪ੍ਰਭੂ ਦੀ ਮਿਹਰ ਨਾਲ ਜਦੋਂ ਗੁਰੂ ਦੇ ਦੱਸੇ ਰਾਹ ਦੀ ਘਾਲ-ਕਮਾਈ ਕਰਦਾ ਹੈ, ਤੇ ਗੁਰੂ ਦੀ ਦੱਸੀ ਸਿੱਖਿਆ ਉਤੇ ਪੂਰਾ ਉਤਰਦਾ ਹੈ ਤਾਂ ਉਹ ਸੋਹਣੇ ਆਤਮਾ ਵਾਲਾ ਪ੍ਰਾਣੀ ਅਕਾਲ ਪੁਰਖ ਦੀ ਨਜ਼ਰ ਵਿਚ ਕਬੂਲ ਹੁੰਦਾ ਹੈ)।
39897	932	ਜਗਤੁ ਪਸੂ ਅਹੰ ਕਾਲੁ ਕਸਾਈ॥	ਜੱਗਤੁ	Jagath Pasoo Ahan Kaal Kasaaee ||	The world is a beast, and arrogent Death is the butcher.	ਜਗਤ (ਸੁਆਰਥ ਵਿਚ) ਪਸ਼ੂ ਬਣਿਆ ਪਿਆ ਹੈ, ਹਉਮੈ-ਮੌਤ ਇਸ ਦੇ ਆਤਮਕ ਜੀਵਨ ਦਾ ਸੱਤਿਆਨਾਸ ਕਰਦੀ ਹੈ।
39898	932	ਕਰਿ ਕਰਤੈ ਕਰਣੀ ਕਰਿ ਪਾਈ॥		Kar Karathai Karanee Kar Paaee ||	The created beings of the Creator receive the karma of their actions.	ਕਰਤਾਰ ਨੇ ਸ੍ਰਿਸ਼ਟੀ ਰਚ ਕੇ ਇਹ ਮਰਯਾਦਾ ਹੀ ਬਣਾ ਦਿੱਤੀ ਹੈ ਕਿ ਜਿਹੋ ਜਿਹੀ ਕਰਤੂਤ ਕੋਈ ਜੀਵ ਕਰਦਾ ਹੈ ਉਹੋ ਜਿਹਾ ਉਸ ਨੂੰ ਫਲ ਮਿਲਦਾ ਹੈ।
39899	932	ਜਿਨਿ ਕੀਤੀ ਤਿਨਿ ਕੀਮਤਿ ਪਾਈ॥		Jin Keethee Thin Keemath Paaee ||	He who created the world, knows its worth.	ਪਰ ਜਿਸ ਕਰਤਾਰ ਨੇ ਇਹ ਮਰਯਾਦਾ ਬਣਾਈ ਹੈ ਇਸ ਦੀ ਕਦਰ ਉਹ ਆਪ ਹੀ ਜਾਣਦਾ ਹੈ।

39900	932	ਹੋਰ ਕਿਆ ਕਹੀਐ ਕਿਛੁ ਕਹਣੁ ਨ ਜਾਈ॥੧੮॥		Hor Kiaa Keheeai Kishh Kehan N Jaaee ||18||	What else can be said? There is nothing at all to say. ||18||	ਇਸ ਮਰਯਾਦਾ ਵਿਚ ਕੋਈ ਉਕਾਈ ਨਹੀਂ ਦੱਸੀ ਜਾ ਸਕਦੀ ॥੧੮॥
39901	932	ਖੋਜਤ ਖੋਜਤ ਅੰਮ੍ਰਿਤੁ ਪੀਆ॥		Khojath Khojath Anmrith Peeaa ||	Searching, searching, I drink in the Ambrosial Nectar.	(ਸਤਿਗੁਰੂ ਦੀ ਮੱਤ ਦੀ ਸਹੈਤਾ ਨਾਲ) ਜੋ ਮਨੁੱਖ ਮੁੜ ਮੁੜ (ਆਪਣਾ ਆਪ) ਖੋਜ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਹੈ,
39902	932	ਖਿਮਾ ਗਹੀ ਮਨੁ ਸਤਗੁਰਿ ਦੀਆ॥		Khimaa Gehee Man Sathagur Dheeaa ||	I have adopted the way of tolerance, and given my mind to the True Guru.	ਉਹ ਦੂਜਿਆਂ ਦੀ ਵਧੀਕੀ ਸਹਾਰਨ ਦਾ ਸੁਭਾਉ ਪਕਾ ਲੈਂਦਾ ਹੈ, ਤੇ, ਆਪਣਾ ਮਨ ਆਪਣੇ ਸਤਿਗੁਰੂ ਵਿਚ ਲੀਨ ਕਰ ਦੇਂਦਾ ਹੈ।
39903	932	ਖਰਾ ਖਰਾ ਆਖੈ ਸਭੁ ਕੋਇ॥		Kharaa Kharaa Aakhai Sabh Koe ||	Everyone calls himself true and genuine.	ਹਰੇਕ ਜੀਵ ਉਸ ਦੇ ਖਰੇ (ਸੁੱਚੇ) ਜੀਵਨ ਦੀ ਸਲਾਘਾ ਕਰਦਾ ਹੈ,
39904	932	ਖਰਾ ਰਤਨੁ ਜੁਗ ਚਾਰੇ ਹੋਇ ॥		Kharaa Rathan Jug Chaarae Hoe ||	He alone is true, who obtains the jewel throughout the four ages.	ਉਹ ਸਦਾ ਲਈ ਸੁੱਚਾ ਸ੍ਰੇਸ਼ਟ ਬਣ ਜਾਂਦਾ ਹੈ।
39905	932	ਖਾਤ ਪੀਅੰਤ ਮੂਏ ਨਹੀ ਜਾਨਿਆ॥		Khaath Peeanth Mooeae Nehee Jaaniaa ||	Eating and drinking, one dies, but still does not know.	ਪਰ ਜੋ ਜੀਵ ਦੁਨੀਆ ਦੇ ਭੋਗ ਭੋਗਦੇ ਰਹਿੰਦੇ ਹਨ ਉਹ ਆਤਮਕ ਜੀਵਨ ਵਲੋਂ ਮਰ ਜਾਂਦੇ ਹਨ, ਉਹਨਾਂ ਨੂੰ (ਨਾਮ-ਅੰਮ੍ਰਿਤ ਦੀ) ਸੁਝ ਨਹੀਂ ਪੈਂਦੀ।

39906	932	ਖਿਨ ਮਹਿ ਮੂਏ ਜਾ ਸਬਦੁ ਪਛਾਨਿਆ॥		Khin Mehi Mooeae Jaa Sabadh Pashhaaniaa ||	He dies in an instant, when he realizes the Word of the Shabad.	(ਉਹੀ ਬੰਦੇ) ਜਦ ਸਤਿਗੁਰੂ ਦੇ ਸ਼ਬਦ ਨਾਲ ਡੂੰਘੀ ਸਾਂਝ ਪਾਂਦੇ ਹਨ, ਤਾਂ ਉਹ ਇਕ ਪਲਕ ਵਿਚ ਹਉਮੈ ਨੂੰ ਮਾਰ ਮੁਕਾਂਦੇ ਹਨ।
39907	932	ਅਸਥਿਰੁ ਚੀਤੁ ਮਰਨਿ ਮਨੁ ਮਾਨਿਆ॥		Asathhir Cheeth Maran Man Maaniaa ||	His consciousness becomes permanently stable, and his mind accepts death.	ਉਹਨਾਂ ਦਾ ਮਨ (ਕਾਮ ਕ੍ਰੋਧ ਆਦਿਕ ਵਲੋਂ) ਅਡੋਲ ਹੋ ਜਾਂਦਾ ਹੈ, ਤੇ ਆਪਾ-ਭਾਵ ਵਲੋਂ ਮਰਨ ਵਿਚ ਖ਼ੁਸ਼ ਹੁੰਦਾ ਹੈ।
39908	932	ਗੁਰ ਕਿਰਪਾ ਤੇ ਨਾਮੁ ਪਛਾਨਿਆ॥੧੯॥		Gur Kirapaa Thae Naam Pashhaaniaa ||19||	By Guru's Grace, he realizes the Naam, the Name of the Lord. ||19||	ਸਤਿਗੁਰੂ ਦੀ ਮੇਹਰ ਨਾਲ ਪਰਮਾਤਮਾ ਦੇ ਨਾਮ ਨਾਲ ਉਹਨਾਂ ਦੀ ਡੂੰਘੀ ਸਾਂਝ ਪੈ ਜਾਂਦੀ ਹੈ ॥੧੯॥
39909	932	ਗਗਨ ਗੰਭੀਰੁ ਗਗਨੰਤਰਿ ਵਾਸੁ॥	(ਗਗਨ)ਚੇਤਨ। (ਗੰਭੀਰੁ)ਡੂੰਘੇ। (ਗਗਨੰਤਰਿ) ਅਕਾਸ਼ ਚ	Gagan Ganbheer Gagananthar Vaas ||	The Profound Lord dwells in the sky of the mind, the Tenth Gate;	(ਹੇ ਪਾਂਡੇ! ਗੋਪਾਲ ਦਾ ਨਾਮ ਆਪਣੇ ਮਨ ਦੀ ਪੱਟੀ ਤੇ ਲਿਖ, ਉਹ ਗੋਪਾਲ) ਸਰਬ-ਵਿਆਪਕ ਹੈ ਤੇ ਜੀਵਾਂ ਦੇ ਔਗੁਣ ਵੇਖ ਕੇ ਛਿੱਥਾ ਨਹੀਂ ਪੈਂਦਾ। ਜਿਸ ਮਨੁੱਖ ਦਾ ਮਨ ਉਸ ਸਰਬ ਵਿਆਪਕ ਗੋਪਾਲ ਵਿਚ ਟਿਕਦਾ ਹੈ,
39910	932	ਗੁਣ ਗਾਵੈ ਸੁਖ ਸਹਜਿ ਨਿਵਾਸੁ॥		Gun Gaavai Sukh Sehaj Nivaas ||	Singing His Glorious Praises, one dwells in intuitive poise and peace.	ਜੋ ਮਨੁੱਖ ਉਸ ਦੇ ਗੁਣ ਗਾਂਦਾ ਹੈ, ਉਹ ਸ਼ਾਂਤੀ ਅਤੇ ਅਡੋਲਤਾ ਵਿਚ ਟਿਕ ਜਾਂਦਾ ਹੈ।
39911	932	ਗਇਆ ਨ ਆਵੈ ਆਇ ਨ ਜਾਇ॥		Gaeiaa N Aavai Aae N Jaae ||	He does not go to come, or come to go.	ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ,

39912	932	ਗੁਰ ਪਰਸਾਦਿ ਰਹੈ ਲਿਵ ਲਾਇ॥		Gur Parasaadh Rehai Liv Laae ||	By Guru's Grace, he remains lovingly focused on the Lord.	ਸਤਿਗੁਰੂ ਦੀ ਕਿਰਪਾ ਨਾਲ ਉਹ (ਸਰਬ-ਵਿਆਪਕ ਗੋਪਾਲ ਵਿਚ) ਸੁਰਤ ਜੋੜੀ ਰੱਖਦਾ ਹੈ।
39913	932	ਗਗਨੁ ਅਗੰਮੁ ਅਨਾਥੁ ਅਜੋਨੀ॥	ਅ-ਗੰਮੁ	Gagan Aganm Anaathh Ajonee ||	The Lord of the mind-sky is inaccessible, independent and beyond birth.	ਉਹ ਸਰਬ-ਵਿਆਪਕ ਗੋਪਾਲ ਅਪਹੁੰਚ ਹੈ (ਭਾਵ, ਉਸ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ), ਉਸ ਦੇ ਸਿਰ ਉਤੇ ਕਿਸੇ ਦਾ ਕੁੰਡਾ ਨਹੀਂ ਹੈ, ਉਹ ਜੰਮਣ-ਮਰਨ ਤੋਂ ਰਹਿਤ ਹੈ।
39914	932	ਅਸਥਿਰੁ ਚੀਤੁ ਸਮਾਧਿ ਸਗੋਨੀ॥	(ਸਗੋਨੀ)ਸੌ ਗੁਣੀ	Asathhir Cheeth Samaadhh Sagonee ||	The most worthy Samaadhi is to keep the consciousness stable, focused on Him.	ਉਸ ਵਿਚ ਜੋੜੀ ਹੋਈ ਸੁਰਤ ਮਨੁੱਖ ਦੇ ਅੰਦਰ ਗੁਣ ਪੈਦਾ ਕਰਦੀ ਹੈ, ਤੇ ਮਨ ਨੂੰ ਮਾਇਆ ਵਿਚ ਡੋਲਣ ਤੋਂ ਬਚਾ ਲੈਂਦੀ ਹੈ।
39915	932	ਹਰਿ ਨਾਮੁ ਚੇਤਿ ਫਿਰਿ ਪਵਹਿ ਨ ਜੂਨੀ॥		Har Naam Chaeth Fir Pavehi N Joonee ||	Remembering the Lord's Name, one is not subject to reincarnation.	(ਹੇ ਪਾਂਡੇ!) ਤੂੰ (ਭੀ) ਉਸ ਹਰਿ-ਗੋਪਾਲ ਦਾ ਨਾਮ ਸਿਮਰ, (ਸਿਮਰਨ ਦੀ ਬਰਕਤਿ ਨਾਲ) ਫਿਰ ਜਨਮ-ਮਰਨ ਵਿਚ ਨਹੀਂ ਪਏਂਗਾ।
39916	932	ਗੁਰਮਤਿ ਸਾਰੁ ਹੋਰ ਨਾਮ ਬਿਹੂਨੀ॥੨੦॥		Guramath Saar Hor Naam Bihoonee ||20||	The Guru's Teachings are the most Excellent; all other ways lack the Naam, the Name of the Lord. ||20||	(ਹੇ ਪਾਂਡੇ!) ਸਤਿਗੁਰੂ ਦੀ ਮੱਤ ਹੀ (ਜੀਵਨ ਲਈ) ਸ੍ਰੇਸ਼ਟ ਰਸਤਾ ਹੈ, ਹੋਰ ਮੱਤ ਉਸ ਦੇ ਨਾਮ ਤੋਂ ਵਾਂਜਿਆ ਰੱਖਦੀ ਹੈ ॥੨੦॥

39917	932	ਘਰ ਦਰ ਫਿਰਿ ਥਾਕੀ ਬਹੁਤੇਰੇ॥	ਥਾਕੀ	Ghar Dhar Fir Thhaakee Bahuthaerae ||	Wandering to countless doorsteps and homes, I have grown weary.	(ਹੇ ਪਾਂਡੇ! ਗੁਰੂ ਦੀ ਮੱਤ ਵਾਲਾ ਰਸਤਾ ਫੜਨ ਤੋਂ ਬਿਨਾ) ਜਿੰਦ ਕਈ ਜੂਨਾਂ ਵਿਚ ਭੌਂ ਭੌਂ ਕੇ ਖਪ ਲੱਥਦੀ ਹੈ,
39918	932	ਜਾਤਿ ਅਸੰਖ ਅੰਤ ਨਹੀ ਮੇਰੇ॥		Jaath Asankh Anth Nehee Maerae ||	My incarnations are countless, without limit.	ਇਤਨੀਆਂ ਅਣ-ਗਿਣਤ ਜਾਤੀਆਂ ਵਿਚੋਂ ਲੰਘਦੀ ਹੈ ਜਿਨ੍ਹਾਂ ਦਾ ਅੰਤ ਨਹੀਂ ਪੈ ਸਕਦਾ।
39919	932	ਕੇਤੇ ਮਾਤ ਪਿਤਾ ਸੁਤ ਧੀਆ॥		Kaethae Maath Pithaa Suth Dhheeaa ||	I have had so many mothers and fathers, sons and daughters.	(ਇਹਨਾਂ ਬੇਅੰਤ ਜੂਨਾਂ ਵਿਚ ਭਟਕਦੀ ਜਿੰਦ ਦੇ) ਕਈ ਮਾਂ ਪਿਉ ਪੁੱਤਰ ਧੀਆਂ ਬਣਦੇ ਹਨ,
39920	932	ਕੇਤੇ ਗੁਰ ਚੇਲੇ ਫੁਨਿ ਹੂਆ॥		Kaethae Gur Chaelae Fun Hooaa ||	I have had so many gurus and disciples.	ਕਈ ਗੁਰੂ ਬਣਦੇ ਹਨ, ਤੇ ਕਈ ਚੇਲੇ ਭੀ ਬਣਦੇ ਹਨ।
39921	932	ਕਾਚੇ ਗੁਰ ਤੇ ਮੁਕਤਿ ਨ ਹੂਆ॥		Kaachae Gur Thae Mukath N Hooaa ||	Through a false guru, liberation is not found.	ਇਹਨਾਂ ਜੂਨਾਂ ਤੋਂ ਤਦ ਤਕ ਖ਼ਲਾਸੀ ਨਹੀਂ ਹੁੰਦੀ ਜਦ ਤਕ ਕਿਸੇ ਕੱਚੇ ਗੁਰੂ ਦੀ ਸਰਨ ਲਈ ਹੋਈ ਹੈ।
39922	932	ਕੇਤੀ ਨਾਰਿ ਵਰੁ ਏਕੁ ਸਮਾਲਿ॥		Kaethee Naar Var Eaek Samaal ||	There are so many brides of the One Husband Lord - consider this.	(ਹੇ ਪਾਂਡੇ! ਸਤਿਗੁਰੂ ਤੋਂ ਖੁੰਝੀਆਂ ਹੋਈਆਂ ਅਜੇਹੀਆਂ) ਕਈ ਜੀਵ-ਇਸਤ੍ਰੀਆਂ ਹਨ, ਖਸਮ-ਪ੍ਰਭੂ ਸਭ ਦੀ ਸੰਭਾਲ ਕਰਦਾ ਹੈ।
39923	932	ਗੁਰਮੁਖਿ ਮਰਣੁ ਜੀਵਣੁ ਪ੍ਰਭ ਨਾਲਿ॥		Guramukh Maran Jeevan Prabh Naal ||	The Gurmukh dies, and lives with God.	ਜੋ ਜਿੰਦ ਗੁਰੂ ਦੇ ਸਨਮੁਖ ਰਹਿੰਦੀ ਹੈ, ਉਸ ਦਾ ਆਸਰਾ-ਪਰਨਾ ਗੋਪਾਲ-ਪ੍ਰਭੂ ਹੋ ਜਾਂਦਾ ਹੈ।

39924	932	ਦਹ ਦਿਸ ਢੂਢਿ ਘਰੈ ਮਹਿ ਪਾਇਆ॥		Dheh Dhis Dtoodt Gharai Mehi Paaeiaa ||	Searching in the ten directions, I found Him within my own home.	ਹੋਰ ਹਰ ਪਾਸੇ ਢੂੰਢ ਢੂੰਡ ਕੇ (ਗੁਰੂ ਦੀ ਕਿਰਪਾ ਨਾਲ) ਹਿਰਦੇ-ਘਰ ਵਿਚ ਹੀ ਗੋਪਾਲ-ਪ੍ਰਭੂ ਲੱਭ ਪੈਂਦਾ ਹੈ।
39925	932	ਮੇਲੁ ਭਇਆ ਸਤਿਗੁਰੂ ਮਿਲਾਇਆ॥੨੧॥		Mael Bhaeiaa Sathiguroo Milaaeiaa ||21||	I have met Him; the True Guru has led me to meet Him. ||21||	(ਹੇ ਪਾਂਡੇ! ਸਿਰਫ਼ ਉਸ ਜਿੰਦ ਦਾ ਪ੍ਰਭੂ ਨਾਲ) ਮਿਲਾਪ ਹੁੰਦਾ ਹੈ ਜਿਸ ਨੂੰ ਸਤਿਗੁਰੂ ਮਿਲਾਂਦਾ ਹੈ ॥੨੧॥
39926	932	ਗੁਰਮੁਖਿ ਗਾਵੈ ਗੁਰਮੁਖਿ ਬੋਲੈ॥		Guramukh Gaavai Guramukh Bolai ||	The Gurmukh sings, and the Gurmukh speaks.	(ਹੇ ਪਾਂਡੇ! ਗੋਪਾਲ ਦਾ ਨਾਮ ਗੁਰੂ ਦੇ ਸਨਮੁਖ ਹੋਇਆਂ ਹੀ ਮਨ ਦੀ ਪੱਟੀ ਉਤੇ ਲਿਖਿਆ ਜਾ ਸਕਦਾ ਹੈ) ਗੁਰਮੁਖ ਹੀ (ਪ੍ਰਭੂ ਦੇ ਗੁਣ) ਗਾਉਂਦਾ ਹੈ, ਤੇ (ਪ੍ਰਭੂ ਦੀ ਸਿਫ਼ਤ) ਉਚਾਰਦਾ ਹੈ।
39927	932	ਗੁਰਮੁਖਿ ਤੋਲਿ ਤੁਲਾਵੈ ਤੋਲੈ॥		Guramukh Thol Thuolaavai Tholai ||	The Gurmukh evaluates the value of the Lord, and inspires others to evaluate Him as well.	ਗੁਰਮੁਖ ਹੀ (ਪ੍ਰਭੂ ਦੇ ਨਾਮ ਨੂੰ ਆਪਣੇ ਮਨ ਵਿਚ) ਤੋਲਦਾ ਹੈ (ਤੇ ਹੋਰਨਾਂ ਨੂੰ) ਤੋਲਣ ਲਈ ਪ੍ਰੇਰਦਾ ਹੈ।
39928	932	ਗੁਰਮੁਖਿ ਆਵੈ ਜਾਇ ਨਿਸੰਗੁ॥		Guramukh Aavai Jaae Nisang ||	The Gurmukh comes and goes without fear.	ਗੁਰਮੁਖ ਹੀ (ਜਗਤ ਵਿਚ) ਬੰਧਨ-ਰਹਿਤ ਆਉਂਦਾ ਹੈ ਤੇ ਬੰਧਨ-ਰਹਿਤ ਹੀ ਇਥੋਂ ਜਾਂਦਾ ਹੈ (ਭਾਵ, ਨਾਹ ਹੀ ਕਿਸੇ ਕਰਮਾਂ ਦੇ ਫਲ ਭੋਗਣ ਆਉਂਦਾ ਹੈ ਤੇ ਨਾਹ ਹੀ ਇਥੋਂ ਕੋਈ ਮੰਦ ਕਰਮਾਂ ਦੇ ਬੰਧਨ ਸਹੇੜ ਕੇ ਲੈ ਜਾਂਦਾ ਹੈ),

39929	932	ਪਰਹਰਿ ਮੈਲੁ ਜਲਾਇ ਕਲੰਕੁ॥		Parehar Mail Jalaae Kalank ||	His filth is taken away, and his stains are burnt off.	(ਕਿਉਂਕਿ ਗੁਰਮੁਖਿ ਮਨੁੱਖ ਮਨ ਦੀ) ਮੈਲ ਨੂੰ ਦੂਰ ਕਰ ਕੇ ਵਿਕਾਰ ਨੂੰ (ਆਪਣੇ ਅੰਦਰੋਂ) ਮੁਕਾ ਚੁਕਾ ਹੁੰਦਾ ਹੈ।
39930	932	ਗੁਰਮੁਖਿ ਨਾਦ ਬੇਦ ਬੀਚਾਰੁ॥		Guramukh Naadh Baedh Beechaar ||	The Gurmukh contemplates the sound current of the Naad for his Vedas.	(ਪ੍ਰਭੂ ਦੇ ਗੁਣਾਂ ਦੀ) ਵਿਚਾਰ ਗੁਰਮੁਖ ਵਾਸਤੇ ਰਾਗ ਤੇ ਵੇਦ ਹੈ,
39931	932	ਗੁਰਮੁਖਿ ਮਜਨੁ ਚਜੁ ਅਚਾਰੁ॥	ਮੱਜਨੁ।ਚੱਜੁ	Guramukh Majan Chaj Achaar ||	The Gurmukh's cleansing bath is the performance of good deeds.	ਉੱਚਾ ਆਚਰਣ (ਬਨਾਣਾ) ਗੁਰਮੁਖ ਦਾ (ਤੀਰਥ-) ਇਸ਼ਨਾਨ ਹੈ।
39932	932	ਗੁਰਮੁਖਿ ਸਬਦੁ ਅੰਮ੍ਰਿਤੁ ਹੈ ਸਾਰੁ॥		Guramukh Sabadh Anmrith Hai Saar ||	For the Gurmukh, the Shabad is the most excellent Ambrosial Nectar.	(ਸਤਿਗੁਰੂ ਦਾ) ਸ਼ਬਦ ਗੁਰਮੁਖ ਲਈ ਸ੍ਰੇਸ਼ਟ ਅੰਮ੍ਰਿਤ ਹੈ।
39933	932	ਨਾਨਕ ਗੁਰਮੁਖਿ ਪਾਵੈ ਪਾਰੁ॥੨੨॥		Naanak Guramukh Paavai Paar ||22||	O Nanak, the Gurmukh crosses over. ||22||	ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਸੰਸਾਰ-ਸਮੁੰਦਰ ਦਾ) ਪਾਰਲਾ ਬੰਨਾ ਲੱਭ ਲੈਂਦਾ ਹੈ (ਭਾਵ, ਵਿਕਾਰਾਂ ਦੀਆਂ ਲਹਿਰਾਂ ਵਿਚੋਂ ਬਚ ਨਿਕਲਦਾ ਹੈ) ॥੨੨॥
39934	932	ਚੰਚਲੁ ਚੀਤੁ ਨ ਰਹਈ ਠਾਇ॥		Chanchal Cheeth N Rehee Thaae ||	The fickle consciousness does not remain stable.	(ਹੇ ਪਾਂਡੇ! ਗੋਪਾਲ ਦਾ ਨਾਮ ਮਨ ਦੀ ਪੱਟੀ ਉਤੇ ਲਿਖਣ ਤੋਂ ਬਿਨਾ ਮਨੁੱਖ ਦਾ) ਚੰਚਲ ਮਨ ਟਿਕ ਕੇ ਨਹੀਂ ਬੈਠਦਾ,
39935	932	ਚੋਰੀ ਮਿਰਗੁ ਅੰਗੂਰੀ ਖਾਇ॥		Choree Mirag Angooree Khaae ||	The deer secretly nibbles at the green sprouts.	ਇਹ (ਮਨ-) ਹਰਣ ਲੁਕ ਲੁਕ ਕੇ ਨਵੇਂ ਨਵੇਂ ਭੋਗ ਭੋਗਦਾ ਹੈ।

39936	932	ਚਰਨਕਮਲ ਉਰ ਧਾਰੇ ਚੀਤ॥		Charan Kamal Our Dhhaarae Cheeth ||	One who enshrines the Lord's lotus feet in his heart and consciousness	(ਪਰ) ਜੋ ਮਨੁੱਖ (ਪ੍ਰਭੂ ਦੇ) ਕਉਲ ਫੁੱਲਾਂ (ਵਰਗੇ ਸੋਹਣੇ) ਚਰਨ (ਆਪਣੇ) ਚਿੱਤ ਵਿਚ ਵਸਾਂਦਾ ਹੈ,
39937	932	ਚਿਰੁ ਜੀਵਨੁ ਚੇਤਨੁ ਨਿਤ ਨੀਤ॥		Chir Jeevan Chaethan Nith Neeth ||	Lives long, always remembering the Lord.	ਉਹ ਸਦਾ ਲਈ ਅਮਰ ਤੇ ਸੁਚੇਤ ਹੋ ਜਾਂਦਾ ਹੈ (ਭਾਵ, ਨਾਹ ਵਿਕਾਰਾਂ ਦੀ ਫਾਹੀ ਵਿਚ ਫਸਦਾ ਹੈ ਤੇ ਨਾਹ ਹੀ ਜਨਮਾਂ ਦੇ ਗੇੜ ਵਿਚ ਪੈਂਦਾ ਹੈ)।
39938	932	ਚਿੰਤਤ ਹੀ ਦੀਸੈ ਸਭੁ ਕੋਇ॥		Chinthath Hee Dheesai Sabh Koe ||	Everyone has worries and cares.	(ਜਿਧਰ ਤੱਕੋ ਚੰਚਲਤਾ ਦੇ ਕਾਰਨ) ਹਰੇਕ ਜੀਵ ਚਿੰਤਾਤੁਰ ਦਿੱਸਦਾ ਹੈ।
39939	932	ਚੇਤਹਿ ਏਕੁ ਤਹੀ ਸੁਖੁ ਹੋਇ॥		Chaethehi Eaek Thehee Sukh Hoe ||	He alone finds peace, who thinks of the One Lord.	(ਪਰ ਜੋ ਮਨੁੱਖ) ਇੱਕ (ਪਰਮਾਤਮਾ) ਨੂੰ ਸਿਮਰਦੇ ਹਨ, ਉਹਨਾਂ ਦੇ ਹਿਰਦੇ ਵਿਚ ਸੁਖ ਹੁੰਦਾ ਹੈ।
39940	932	ਚਿਤਿ ਵਸੈ ਰਾਚੈ ਹਰਿ ਨਾਇ॥		Chith Vasai Raachai Har Naae ||	When the Lord dwells in the consciousness, and one is absorbed in the Lord's Name,	(ਜਿਸ ਜੀਵ ਦੇ) ਚਿੱਤ ਵਿਚ ਪ੍ਰਭੂ ਆ ਵੱਸਦਾ ਹੈ ਜੋ ਮਨੁੱਖ ਪ੍ਰਭੂ ਦੇ ਨਾਮ ਵਿਚ ਲੀਨ ਹੁੰਦਾ ਹੈ,
39941	932	ਮੁਕਤਿ ਭਇਆ ਪਤਿ ਸਿਉ ਘਰਿ ਜਾਇ॥੨੩॥		Mukath Bhaeiaa Path Sio Ghar Jaae ||23||	One is liberated, and returns home with honor. ||23||	ਉਹ (ਮਾਇਕ ਭੋਗਾਂ ਤੋਂ) ਖ਼ਲਾਸੀ ਪਾ ਲੈਂਦਾ ਹੈ (ਤੇ ਇਥੋਂ) ਇੱਜ਼ਤ ਨਾਲ (ਆਪਣੇ ਅਸਲੀ) ਘਰ ਵਿਚ ਜਾਂਦਾ ਹੈ ॥੨੩॥

39942	932	ਛੀਜੈ ਦੇਹ ਖੁਲੈ ਇਕ ਗੰਢਿ॥		Shheejai Dhaeh Khulai Eik Gandt ||	The body falls apart, when one knot is untied.	(ਹੇ ਪਾਂਡੇ!) ਸਾਰੇ ਜਗਤ ਵਿਚ ਫਿਰ ਕੇ ਵੇਖ ਲਵੋ, ਜਦੋਂ ਪ੍ਰਾਣੀ (ਦੇ ਪ੍ਰਾਣਾਂ ਦੀ ਗੰਢ ਖੁਲ੍ਹ ਜਾਂਦੀ ਹੈ,
39943	932	ਛੇਆਨਿਤ ਦੇਖਹੁ ਜਗਿ ਹੰਢਿ॥	(ਛੇ-ਆਨਿਤ)ਨਾਸ ਰੂਪ। (ਹੰਢਿ)ਫਿਰ ਕ	Shhaeaa Nith Dhaekhahu Jag Handt ||	Behold, the world is on the decline; it will be totally destroyed.	ਤਾਂ ਸਰੀਰ ਨਾਸ ਹੋ ਜਾਂਦਾ ਹੈ। ਮੌਤ (ਦਾ ਇਹ ਕੌਤਕ) ਨਿੱਤ ਵਰਤ ਰਿਹਾ ਹੈ।
39944	932	ਧੂਪ ਛਾਵ ਜੇ ਸਮ ਕਰਿ ਜਾਣੈ॥		Dhhoop Shhaav Jae Sam Kar Jaanai ||	Only one who looks alike upon sunshine and shade	(ਹੇ ਪਾਂਡੇ!) ਜੇ ਮਨੁੱਖ (ਇਸ ਜੀਵਨ ਵਿਚ ਵਾਪਰਦੇ) ਦੁੱਖਾਂ ਸੁਖਾਂ ਨੂੰ ਇਕੋ ਜਿਹਾ ਕਰ ਕੇ ਸਮਝ ਲਏ,
39945	932	ਬੰਧਨ ਕਾਟਿ ਮੁਕਤਿ ਘਰਿ ਆਣੈ॥		Bandhhan Kaatt Mukath Ghar Aanai ||	Has his bonds shattered; he is liberated and returns home.	ਤਾਂ (ਮਾਇਆ ਦੇ) ਬੰਧਨਾਂ ਨੂੰ ਕੱਟ ਕੇ (ਮਾਇਕ ਭੋਗਾਂ ਤੋਂ) ਆਜ਼ਾਦੀ ਨੂੰ ਆਪਣੇ ਅੰਦਰ ਲੈ ਆਉਂਦਾ ਹੈ।
39946	932	ਛਾਇਆ ਛੂਛੀ ਜਗਤੁ ਭੁਲਾਨਾ॥	ਜੱਗਤੁ	Shhaaeiaa Shhooshhee Jagath Bhulaanaa ||	Maya is empty and petty; she has defrauded the world.	(ਹੇ ਪਾਂਡੇ! ਗੁਪਾਲ ਨੂੰ ਵਿਸਾਰ ਕੇ) ਜਗਤ ਇਸ ਥੋਥੀ (ਭਾਵ, ਜੋ ਸਾਥ ਤੋੜ ਨਹੀਂ ਨਿਬਾਹੁੰਦੀ) ਮਾਇਆ (ਦੇ ਪਿਆਰ) ਵਿਚ ਕੁਰਾਹੇ ਪੈ ਰਿਹਾ ਹੈ,
39947	932	ਲਿਖਿਆ ਕਿਰਤੁ ਧੁਰੇ ਪਰਵਾਨਾ॥		Likhiaa Kirath Dhhurae Paravaanaa ||	Such destiny is pre-ordained by past actions.	(ਜੀਵਾਂ ਦੇ ਮੱਥੇ ਉਤੇ ਇਹੀ) ਕਿਰਤ-ਰੂਪ ਲੇਖ ਸ਼ੁਰੂ ਤੋਂ ਹੀ ਲਿਖਿਆ ਪਿਆ ਹੈ (ਭਾਵ, ਸ਼ੁਰੂ ਤੋਂ ਜੀਵਾਂ ਦੇ ਅੰਦਰ ਮਾਇਆ ਦੇ ਮੋਹ ਦੇ ਸੰਸਕਾਰ-ਰੂਪ ਲੇਖ ਹੋਣ ਦੇ ਕਾਰਨ ਹੁਣ ਭੀ ਇਹ ਮਾਇਆ ਦੇ ਮੋਹ ਵਿਚ ਫਸੇ ਹੋਏ ਹਨ)।

39948	932	ਛੀਜੈ ਜੋਬਨੁ ਜਰੂਆ ਸਿਰਿ ਕਾਲੁ॥		Shheejai Joban Jarooaa Sir Kaal ||	Youth is wasting away; old age and death hover above the head.	(ਹੇ ਪਾਂਡੇ!) ਜਵਾਨੀ ਖ਼ਤਮ ਹੋ ਜਾਂਦੀ ਹੈ, ਬੁਢੇਪਾ ਆ ਜਾਂਦਾ ਹੈ, ਮੌਤ ਸਿਰ ਉਤੇ (ਖੜੀ ਜਾਪਦੀ ਹੈ),
39949	933	ਕਾਇਆ ਛੀਜੈ ਭਈ ਸਿਬਾਲੁ॥੨੪॥	(ਸਿਬਾਲੁ)ਸੁੱਕਾ ਜਾਲ਼ਾ	Kaaeiaa Shheejai Bhee Sibaal ||24||	The body falls apart, like algae upon the water. ||24||	ਸਰੀਰ ਕਮਜ਼ੋਰ ਹੋ ਜਾਂਦਾ ਹੈ (ਤੇ ਮਨੁੱਖ ਦੀ ਚਮੜੀ ਪਾਣੀ ਦੇ) ਜਾਲੇ ਵਾਂਗ ਢਿੱਲੀ ਹੋ ਜਾਂਦੀ ਹੈ (ਫਿਰ ਭੀ ਇਸ ਦਾ ਮਾਇਆ ਦਾ ਪਿਆਰ ਮੁੱਕਦਾ ਨਹੀਂ) ॥੨੪॥
39950	933	ਜਾਪੈ ਆਪਿ ਪ੍ਰਭੂ ਤਿਹੁ ਲੋਇ॥		Jaapai Aap Prabhoo Thihu Loe ||	God Himself appears throughout the three worlds.	(ਹੇ ਪਾਂਡੇ! ਉਸ ਗੋਪਾਲ ਦਾ ਨਾਮ ਮਨ ਦੀ ਪੱਟੀ ਉਤੇ ਲਿਖ, ਜੋ) ਆਪ ਸਾਰੇ ਜਗਤ ਵਿਚ ਪਰਗਟ ਹੈ,
39951	933	ਜੁਗਿ ਜੁਗਿ ਦਾਤਾ ਅਵਰੁ ਨ ਕੋਇ॥		Jug Jug Dhaathaa Avar N Koe ||	Throughout the ages, He is the Great Giver; there is no other at all.	ਜੋ ਸਦਾ (ਜੀਵਾਂ ਦਾ) ਦਾਤਾ ਹੈ (ਜਿਸ ਤੋਂ ਬਿਨਾ) ਹੋਰ ਕੋਈ (ਦਾਤਾ) ਨਹੀਂ।
39952	933	ਜਿਉ ਭਾਵੈ ਤਿਉ ਰਾਖਹਿ ਰਾਖੁ॥		Jio Bhaavai Thio Raakhehi Raakh ||	As it pleases You, You protect and preserve us.	(ਹੇ ਪਾਂਡੇ! ਗੋਪਾਲ ਓਅੰਕਾਰ ਅੱਗੇ ਅਰਦਾਸ ਕਰ ਤੇ ਆਖ-ਹੇ ਪ੍ਰਭੂ!) ਜਿਵੇਂ ਤੂੰ (ਮੈਨੂੰ) ਰੱਖਣਾ ਚਾਹੁੰਦਾ ਹੈਂ ਤਿਵੇਂ ਰੱਖ;
39953	933	ਜਸੁ ਜਾਚਉ ਦੇਵੈ ਪਤਿ ਸਾਖੁ॥		Jas Jaacho Dhaevai Path Saakh ||	I ask for the Lord's Praises, which bless me with honor and credit.	(ਪਰ) ਮੈਂ ਤੇਰੀ ਸਿਫ਼ਤ-ਸਾਲਾਹ (ਦੀ ਦਾਤਿ) ਮੰਗਦਾ, ਹਾਂ, ਤੇਰੀ ਸਿਫ਼ਤ ਹੀ ਮੈਨੂੰ ਇੱਜ਼ਤ ਤੇ ਨਾਮਣਾ ਦੇਂਦੀ ਹੈ।

39954	933	ਜਾਗਤੁ ਜਾਗਿ ਰਹਾ ਤੁਧੁ ਭਾਵਾ॥		Jaagath Jaag Rehaa Thudhh Bhaavaa ||	Remaining awake and aware, I am pleasing to You, O Lord.	(ਹੇ ਪ੍ਰਭੂ!) ਜੇ ਮੈਂ ਤੈਨੂੰ ਚੰਗਾ ਲੱਗਾਂ ਤਾਂ ਮੈਂ ਸਦਾ ਜਾਗਦਾ ਰਹਾਂ (ਮਾਇਆ ਦੇ ਹੱਲਿਆਂ ਤੋਂ ਸੁਚੇਤ ਰਹਾਂ),
39955	933	ਜਾ ਤੂ ਮੇਲਹਿ ਤਾ ਤੁਝੈ ਸਮਾਵਾ॥		Jaa Thoo Maelehi Thaa Thujhai Samaavaa ||	When You unite me with Yourself, then I am merged in You.	ਜੇ ਤੂੰ (ਆਪ) ਮੈਨੂੰ (ਆਪਣੇ ਵਿਚ) ਜੋੜੀ ਰੱਖੇਂ, ਤਾਂ ਮੈਂ ਤੇਰੇ (ਚਰਨਾਂ) ਵਿਚ ਲੀਨ ਰਹਾਂ।
39956	933	ਜੈ ਜੈਕਾਰੁ ਜਪਉ ਜਗਦੀਸ॥		Jai Jai Kaar Japo Jagadhees ||	I chant Your Victorious Praises, O Life of the World.	ਮੈਂ ਜਗਤ ਦੇ ਮਾਲਕ (ਪ੍ਰਭੂ) ਦੀ ਸਦਾ ਜੈ ਜੈਕਾਰ ਆਖਦਾ ਹਾਂ।
39957	933	ਗੁਰਮਤਿ ਮਿਲੀਐ ਬੀਸ ਇਕੀਸ॥੨੫॥	ਇੱਕੀਸ	Guramath Mileeai Bees Eikees ||25||	Accepting the Guru's Teachings, one is sure to merge in the One Lord. ||25||	(ਹੇ ਪਾਂਡੇ! ਇਸ ਤਰ੍ਹਾਂ) ਸਤਿਗੁਰੂ ਦੀ ਮੱਤ ਲੈ ਕੇ ਵੀਹ-ਵਿਸਵੇ ਇੱਕ ਪਰਮਾਤਮਾ ਨੂੰ ਮਿਲ ਸਕੀਦਾ ਹੈ ॥੨੫॥
39958	933	ਝਖਿ ਬੋਲਣੁ ਕਿਆ ਜਗ ਸਿਉ ਵਾਦੁ॥	ਝਖਿ:ਪੋਲਾ ਬੋਲੋ	Jhakh Bolan Kiaa Jag Sio Vaadh ||	Why do you speak such nonsense, and argue with the world?	(ਹੇ ਪਾਂਡੇ! ਗੋਪਾਲ ਦਾ ਨਾਮ ਮਨ ਦੀ ਪੱਟੀ ਉਤੇ ਲਿਖਣ ਦੇ ਥਾਂ ਮਾਇਆ ਦੀ ਖ਼ਾਤਰ) ਜਗਤ ਨਾਲ ਝਗੜਾ ਸਹੇੜਨਾ ਵਿਅਰਥ ਹੈ, ਇਹ ਤਾਂ ਝਖਾਂ ਮਾਰਨ ਵਾਰੀ ਗੱਲ ਹੈ;
39959	933	ਝੂਰਿ ਮਰੈ ਦੇਖੈ ਪਰਮਾਦੁ॥	ਪਰਮਾਦੁ:ਹੰਕਾਰ	Jhoor Marai Dhaekhai Paramaadh ||	You shall die repenting, when you see your own insanity.	(ਜੋ ਮਨੁੱਖ ਗੋਪਾਲ ਦਾ ਸਿਮਰਨ ਛੱਡ ਕੇ ਝਗੜੇ ਵਾਲੇ ਰਾਹੇ ਪੈਂਦਾ ਹੈ) ਉਹ ਝੂਰ ਝੂਰ ਮਰਦਾ ਹੈ (ਭਾਵ, ਅੰਦਰੋਂ ਅਸ਼ਾਂਤ ਹੀ ਰਹਿੰਦਾ ਹੈ, ਕਿਉਂਕਿ) ਉਸ ਦੀਆਂ ਅੱਖਾਂ ਸਾਹਮਣੇ (ਮਾਇਆ ਦਾ) ਅਹੰਕਾਰ ਫਿਰਿਆ ਰਹਿੰਦਾ ਹੈ।

39960	933	ਜਨਮਿ ਮੂਏ ਨਹੀ ਜੀਵਣ ਆਸਾ॥		Janam Mooeae Nehee Jeevan Aasaa ||	He is born, only to die, but he does not wish to live.	ਅਜੇਹੇ ਬੰਦੇ ਜਨਮ-ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ, ਸੁੱਚੇ ਆਤਮਕ ਜੀਵਨ ਦੀ (ਉਹਨਾਂ ਤੋਂ) ਆਸ ਨਹੀਂ ਹੋ ਸਕਦੀ,
39961	933	ਆਇ ਚਲੇ ਭਏ ਆਸ ਨਿਰਾਸਾ॥		Aae Chalae Bheae Aas Niraasaa ||	He comes hopeful, and then goes, without hope.	ਉਹ ਦੁਨੀਆ ਤੋਂ ਕੋਈ ਖੱਟੀ ਖੱਟਣ ਤੋਂ ਬਿਨਾ ਹੀ ਤੁਰ ਜਾਂਦੇ ਹਨ।
39962	933	ਝੁਰਿ ਝੁਰਿ ਝਖਿ ਮਾਟੀ ਰਲਿ ਜਾਇ॥		Jhur Jhur Jhakh Maattee Ral Jaae ||	Regretting, repenting and grieving, he is dust mixing with dust.	(ਨਾਮ ਵਿਸਾਰ ਕੇ ਦੁਨੀਆ ਦੇ ਝੰਬੇਲਿਆਂ ਵਿਚ ਪਰਚਣ ਵਾਲਾ ਮਨੁੱਖ ਇਸੇ) ਖਪਾਣੇ ਵਿਚ ਖਪ ਖਪ ਕੇ ਜੀਵਨ ਵਿਅਰਥ ਗੰਵਾ ਜਾਂਦਾ ਹੈ।
39963	933	ਕਾਲੁ ਨ ਚਾਂਪੈ ਹਰਿ ਗੁਣ ਗਾਇ॥		Kaal N Chaanpai Har Gun Gaae ||	Death does not chew up one who sings the Glorious Praises of the Lord.	ਪਰ ਜੋ ਮਨੁੱਖ ਪਰਮਾਤਮਾ ਦੇ ਗੁਣ ਗਾਉਂਦਾ ਹੈ ਉਸ ਨੂੰ ਮੌਤ ਦਾ ਭੀ ਡਰ ਪੋਹ ਨਹੀਂ ਸਕਦਾ।
39964	933	ਪਾਈ ਨਵ ਨਿਧਿ ਹਰਿ ਕੈ ਨਾਇ॥		Paaee Nav Nidhh Har Kai Naae ||	The nine treasures are obtained through the Name of the Lord;	ਪ੍ਰਭੂ ਦੇ ਨਾਮ ਦੀ ਬਰਕਤਿ ਨਾਲ ਉਹ, ਮਾਨੋ, ਸਾਰੀ ਧਰਤੀ ਦਾ ਧਨ ਪ੍ਰਾਪਤ ਕਰ ਲੈਂਦਾ ਹੈ।
39965	933	ਆਪੇ ਦੇਵੈ ਸਹਜਿ ਸੁਭਾਇ॥੨੬॥		Aapae Dhaevai Sehaj Subhaae ||26||	The Lord bestows intuitive peace and poise. ||26||	ਇਹ ਦਾਤ ਪ੍ਰਭੂ ਆਪ ਹੀ ਆਪਣੀ ਰਜ਼ਾ ਅਨੁਸਾਰ ਦੇਂਦਾ ਹੈ ॥੨੬॥
39966	933	ਵਿਆਨੋ ਬੋਲੈ ਆਪੇ ਬੂਝੈ॥		Njiaano Bolai Aapae Boojhai ||	He speaks spiritual wisdom, and He Himself understands it.	(ਸਤਿਗੁਰੂ-ਰੂਪ ਹੋ ਕੇ) ਪ੍ਰਭੂ ਆਪ ਹੀ ਗਿਆਨ ਉਚਾਰਦਾ ਹੈ, ਸਮਝਦਾ ਹੈ

39967	933	ਆਪੇ ਸਮਝੈ ਆਪੇ ਸੂਝੈ॥		Aapae Samajhai Aapae Soojhai ||	He Himself knows it, and He Himself comprehends it.	ਆਪ ਹੀ ਇਸ ਗਿਆਨ ਨੂੰ ਸੁਣਦਾ ਹੈ ਤੇ ਵਿਚਾਰਦਾ ਹੈ।
39968	933	ਗੁਰ ਕਾ ਕਹਿਆ ਅੰਕਿ ਸਮਾਵੈ॥		Gur Kaa Kehiaa Ank Samaavai ||	One who takes the Words of the Guru into his very fiber,	(ਜਿਨ੍ਹਾਂ ਮਨੁੱਖਾਂ ਦੇ) ਹਿਰਦੇ ਵਿਚ ਸਤਿਗੁਰੂ ਦਾ ਦੱਸਿਆ ਹੋਇਆ (ਗਿਆਨ) ਆ ਵੱਸਦਾ ਹੈ,
39969	933	ਨਿਰਮਲ ਸੂਚੇ ਸਾਚੋ ਭਾਵੈ॥		Niramal Soochae Saacho Bhaavai ||	Is immaculate and holy, and is pleasing to the True Lord.	ਉਹ ਮਨੁੱਖ ਪਵਿਤ੍ਰ ਸੁੱਚੇ ਹੋ ਜਾਂਦੇ ਹਨ, ਉਹਨਾਂ ਨੂੰ ਸੱਚਾ ਪ੍ਰਭੂ ਪਿਆਰਾ ਲੱਗਦਾ ਹੈ।
39970	933	ਗੁਰੁ ਸਾਗਰੁ ਰਤਨੀ ਨਹੀ ਤੋਟ॥		Gur Saagar Rathanee Nehee Thott ||	In the ocean of the Guru, there is no shortage of pearls.	ਸਤਿਗੁਰੂ ਸਮੁੰਦਰ ਹੈ, ਉਸ ਵਿਚ (ਗੋਪਾਲ ਦੇ ਗੁਣਾਂ ਦੇ) ਰਤਨਾਂ ਦੀ ਕਮੀ ਨਹੀਂ,
39971	933	ਲਾਲ ਪਦਾਰਥ ਸਾਚੁ ਅਖੋਟ॥		Laal Padhaarathh Saach Akhott ||	The treasure of jewels is truly inexhaustible.	ਉਹ ਸੱਚੇ ਪ੍ਰਭੂ ਦਾ ਰੂਪ ਹੈ, ਲਾਲਾਂ ਦਾ ਅਮੁੱਕ (ਖ਼ਜ਼ਾਨਾ) ਹੈ (ਭਾਵ, ਸਤਿਗੁਰੂ ਵਿਚ ਬੇਅੰਤ ਰੱਬੀ ਗੁਣ ਹਨ)।
39972	933	ਗੁਰਿ ਕਹਿਆ ਸਾ ਕਾਰ ਕਮਾਵਹੁ॥		Gur Kehiaa Saa Kaar Kamaavahu ||	Do those deeds which the Guru has ordained.	(ਹੇ ਪਾਂਡੇ!) ਉਹ ਕਾਰ ਕਰੋ ਜੋ ਸਤਿਗੁਰੂ ਨੇ ਦੱਸੀ ਹੈ,
39973	933	ਗੁਰ ਕੀ ਕਰਣੀ ਕਾਹੇ ਧਾਵਹੁ॥	(ਕਰਣੀ)ਭਗਤੀ। (ਧਾਵਹ)ਨੱਸਦੇ	Gur Kee Karanee Kaahae Dhhaavahu ||	Why are you chasing after the Guru's actions?	ਸਤਿਗੁਰੂ ਦੀ ਦੱਸੀ ਕਰਣੀ ਤੋਂ ਪਰੇ ਨਾਹ ਦੌੜੋ।
39974	933	ਨਾਨਕ ਗੁਰਮਤਿ ਸਾਚਿ ਸਮਾਵਹੁ॥੨੭॥		Naanak Guramath Saach Samaavahu ||27||	O Nanak, through the Guru's Teachings, merge in the True Lord. ||27||	ਹੇ ਨਾਨਕ! ਸਤਿਗੁਰੂ ਦੀ ਸਿੱਖਿਆ ਲੈ ਕੇ ਸੱਚੇ ਪ੍ਰਭੂ ਵਿਚ ਲੀਨ ਹੋ ਜਾਉਗੇ ॥੨੭॥

39975	933	ਟੂਟੈ ਨੇਹੁ ਕਿ ਬੋਲਹਿ ਸਹੀ॥	ਟੁੱਟੈ। (ਸਹੀ)ਸਖੀ	Ttoottai Naehu K Bolehi Sehee ||	Love is broken, when one speaks in defiance.	ਕਿਸੇ ਨੂੰ ਸਾਹਮਣੇ (ਲਾ ਕੇ) ਗੱਲ ਆਖਿਆਂ ਪਿਆਰ ਟੁੱਟ ਜਾਂਦਾ ਹੈ;
39976	933	ਟੂਟੈ ਬਾਹ ਦੁਹੂ ਦਿਸ ਗਹੀ॥	ਬਾਂਹ ਵਾਂਗਬ੍ਰਿਤੀ ਖਿਚੋਤਾਣ ਚਟੂਟੈਟੁੱਟ ਜਾਂਦੀ ਹੈ	Ttoottai Baah Dhuhoo Dhis Gehee ||	The arm is broken, when it is pulled from both sides.	ਦੋਹਾਂ ਪਾਸਿਆਂ ਤੋਂ ਫੜਿਆਂ ਬਾਂਹ ਟੁੱਟ ਜਾਂਦੀ ਹੈ;
39977	933	ਟੂਟਿ ਪਰੀਤਿ ਗਈ ਬੁਰ ਬੋਲਿ॥		Ttoott Pareeth Gee Bur Bol ||	Love breaks, when the speech goes sour.	ਮੰਦਾ ਬੋਲ ਬੋਲਿਆਂ ਪ੍ਰੀਤ ਟੁੱਟ ਜਾਂਦੀ ਹੈ,
39978	933	ਦੁਰਮਤਿ ਪਰਹਰਿ ਛਾਡੀ ਢੋਲਿ॥		Dhuramath Parehar Shhaaddee Dtol ||	The Husband Lord abandons and leaves behind the evil-minded bride.	ਭੈੜੀ ਇਸਤ੍ਰੀ ਨੂੰ ਖਸਮ ਛੱਡ ਦੇਂਦਾ ਹੈ (ਨੋਟ: ਇਸ ਤੁਕ ਵਿਚ "ਟੂਟਿ ਗਈ" ਅਤੇ "ਪਰਹਰਿ ਛਾਡਿ" ਭੂਤ ਕਾਲ Past Tense ਵਿਚ ਹਨ, ਪਰ ਅਰਥ ਪਹਿਲੀ ਤੁਕ ਦੇ ਨਾਲ ਮਿਲਾਣ ਵਾਸਤੇ 'ਵਰਤਮਾਨ ਕਾਲ' Present Tense ਵਿਚ ਕੀਤਾ ਗਿਆ ਹੈ ਕਿਉਂਕਿ ਭਾਵ ਇਉਂ ਹੀ ਹੈ)।
39979	933	ਟੂਟੈ ਗੰਠਿ ਪੜੈ ਵੀਚਾਰ॥	ਪੜੈ:ੜ ਹਲੰਤ ਨਹੀਂ ਲਾਉਣਾ	Ttoottai Ganth Parrai Veechaar ||	The broken knot is tied again, through contemplation and meditation.	ਜੇ ਚੰਗੀ ਵਿਚਾਰ ਫੁਰ ਪਏ ਤਾਂ ਕੋਈ (ਵਾਪਰੀ ਹੋਈ) ਮੁਸ਼ਕਲ ਹੱਲ ਹੋ ਜਾਂਦੀ ਹੈ।
39980	933	ਗੁਰ ਸਬਦੀ ਘਰਿ ਕਾਰਜੁ ਸਾਰਿ॥		Gur Sabadhee Ghar Kaaraj Saar ||	Through the Word of the Guru's Shabad, one's affairs are resolved in one's own home.	(ਹੇ ਪਾਂਡੇ!) ਤੂੰ ਭੀ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਮਨ ਵਿਚ (ਗੋਪਾਲ ਦਾ ਨਾਮ ਸਿਮਰਨ ਦਾ) ਕੰਮ ਸੰਭਾਲ (ਇਸ ਤਰ੍ਹਾਂ ਗੋਪਾਲ ਵਲੋਂ ਪਈ ਹੋਈ ਗੰਢ ਖੁਲ੍ਹ ਜਾਂਦੀ ਹੈ।)

39981	933	ਲਾਹਾ ਸਾਚੁ ਨ ਆਵੈ ਤੋਟਾ॥		Laahaa Saach N Aavai Thottaa ||	One who earns the profit of the True Name, will not lose it again;	(ਫਿਰ ਇਸ ਪਾਸੇ ਵਲੋਂ ਕਦੇ) ਘਾਟਾ ਨਹੀਂ ਪੈਂਦਾ (ਗੋਪਾਲ-ਪ੍ਰਭੂ ਦੇ ਨਾਮ ਦਾ) ਸਦਾ ਟਿਕਿਆ ਰਹਿਣ ਵਾਲਾ ਨਫ਼ਾ ਨਿੱਤ ਬਣਿਆ ਰਹਿੰਦਾ ਹੈ,
39982	933	ਤ੍ਰਿਭਵਣ ਠਾਕੁਰੁ ਪ੍ਰੀਤਮੁ ਮੋਟਾ॥੨੮॥		Thribhavan Thaakur Preetham Mottaa ||28||	The Lord and Master of the three worlds is your best friend. ||28||	ਤੇ ਸਾਰੇ ਜਗਤ ਦਾ ਵੱਡਾ ਮਾਲਕ ਪ੍ਰੀਤਮ ਪ੍ਰਭੂ (ਸਿਰ ਉਤੇ ਸਹਾਈ) ਦਿੱਸਦਾ ਹੈ ॥੨੮॥
39983	933	ਠਾਕਹੁ ਮਨੂਆ ਰਾਖਹੁ ਠਾਇ॥		Thaakahu Manooaa Raakhahu Thaae ||	Control your mind, and keep it in its place.	(ਹੇ ਪਾਂਡੇ! ਗੋਪਾਲ ਦਾ ਨਾਮ ਮਨ ਦੀ ਪੱਟੀ ਉਤੇ ਲਿਖ ਕੇ, ਮਾਇਆ ਵਲ ਦੌੜਦੇ) ਇਸ ਚੰਚਲ ਮਨ ਨੂੰ ਰੋਕ ਰੱਖ, ਤੇ ਥਾਂ ਸਿਰ (ਭਾਵ, ਅੰਤਰਿ ਆਤਮੇ) ਟਿਕਾ ਰੱਖ।
39984	933	ਠਹਕਿ ਮੁਈ ਅਵਗੁਣਿ ਪਛੁਤਾਇ॥		Thehak Muee Avagun Pashhuthaae ||	The world is destroyed by conflict, regretting its sinful mistakes.	(ਸ੍ਰਿਸ਼ਟੀ ਮਾਇਆ ਦੀ ਤ੍ਰਿਸ਼ਨਾ ਦੇ) ਅਉਗਣ ਵਿਚ (ਫਸ ਕੇ ਆਪੋ ਵਿਚ) ਭਿੜ ਭਿੜ ਕੇ ਆਤਮਕ ਮੌਤ ਸਹੇੜ ਰਹੀ ਹੈ ਤੇ ਦੁਖੀ ਹੋ ਰਹੀ ਹੈ।
39985	933	ਠਾਕੁਰੁ ਏਕੁ ਸਬਾਈ ਨਾਰਿ॥		Thaakur Eaek Sabaaee Naar ||	There is one Husband Lord, and all are His brides.	(ਹੇ ਪਾਂਡੇ!) ਪ੍ਰਭੂ-ਪਾਲਣਹਾਰ ਇੱਕ ਹੈ, ਤੇ ਸਾਰੇ ਜੀਵ ਉਸ ਦੀਆਂ ਨਾਰੀਆਂ ਹਨ,
39986	933	ਬਹੁਤੇ ਵੇਸ ਕਰੇ ਕੂੜਿਆਰਿ॥		Bahuthae Vaes Karae Koorriaar ||	The false bride wears many costumes.	(ਪਰ) ਮਾਇਆ-ਗ੍ਰਸੀ (ਜੀਵ-ਇਸਤ੍ਰੀ ਖਸਮ ਨੂੰ ਨਹੀਂ ਪਛਾਣਦੀ, ਤੇ ਬਾਹਰ) ਕਈ ਵੇਸ ਕਰਦੀ ਹੈ (ਹੋਰ ਹੋਰ ਆਸਰੇ ਤੱਕਦੀ ਹੈ)।

39987	933	ਪਰ ਘਰਿ ਜਾਤੀ ਠਾਕਿ ਰਹਾਈ॥		Par Ghar Jaathee Thaak Rehaaee ||	He stops her from going into the homes of others;	(ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ ਨੇ) ਪਰਾਏ ਘਰ ਵਿਚ ਜਾਂਦੀ ਨੂੰ (ਹੋਰ ਆਸਰੇ ਤੱਕਦੀ ਨੂੰ) ਰੋਕ ਲਿਆ ਹੈ,
39988	933	ਮਹਲਿ ਬੁਲਾਈ ਠਾਕ ਨ ਪਾਈ॥		Mehal Bulaaee Thaak N Paaee ||	He summons her to the Mansion of His Presence, and no obstacles block her path.	ਉਸ ਨੂੰ (ਉਸ ਨੇ ਆਪਣੇ ਮਹਿਲ ਵਿਚ ਬੁਲਾ ਲਿਆ ਹੈ, ਉਸ ਦੇ ਜੀਵਨ-ਰਾਹ ਵਿਚ ਤ੍ਰਿਸ਼ਨਾ ਦੀ) ਕੋਈ ਰੋਕ ਨਹੀਂ ਪੈਂਦੀ।
39989	933	ਸਬਦਿ ਸਵਾਰੀ ਸਾਚਿ ਪਿਆਰੀ॥		Sabadh Savaaree Saach Piaaree ||	She is embellished with the Word of the Shabad, and is loved by the True Lord.	(ਗੁਰੂ ਦੇ) ਸ਼ਬਦ ਦੀ ਰਾਹੀਂ (ਉਸ ਨੂੰ ਪ੍ਰਭੂ ਨੇ) ਸੰਵਾਰ ਲਿਆ ਹੈ, (ਉਹ ਜੀਵ-ਇਸਤ੍ਰੀ) ਸਦਾ-ਥਿਰ ਪ੍ਰਭੂ ਵਿਚ ਪਿਆਰ ਪਾਂਦੀ ਹੈ,
39990	933	ਸਾਈ ਸੋਹਾਗਣਿ ਠਾਕੁਰਿ ਧਾਰੀ॥੨੯॥	ਸਾਂਈਂ	Saaee Suohaagan Thaakur Dhhaaree ||29||	She is the happy soul bride, who takes the Support of her Lord and Master. ||29||	ਉਹੀ ਸੁਹਾਗ-ਭਾਗ ਵਾਲੀ ਹੋ ਜਾਂਦੀ ਹੈ (ਕਿਉਂਕਿ) ਪ੍ਰਭੂ ਨੇ ਉਸ ਨੂੰ ਆਪਣੀ ਬਣ ਲਿਆ ਹੈ ॥੨੯॥
39991	933	ਡੋਲਤ ਡੋਲਤ ਹੇ ਸਖੀ ਫਾਟੇ ਚੀਰ ਸੀਗਾਰ॥		Ddolath Ddolath Hae Sakhee Faattae Cheer Seegaar ||	Wandering and roaming around, O my companion, your beautiful robes are torn.	ਹੇ ਸਖੀ! ਭਟਕ ਭਟਕ ਕੇ ਸਾਰੇ ਕੱਪੜੇ ਤੇ ਸਿੰਗਾਰ ਪਾਟ ਗਏ ਹਨ (ਭਾਵ, ਤ੍ਰਿਸ਼ਨਾ ਦੀ ਅੱਗ ਦੇ ਕਾਰਨ ਹੋਰ ਹੋਰ ਆਸਰੇ ਤੱਕਿਆਂ ਸਾਰੇ ਧਾਰਮਿਕ ਉੱਦਮ ਵਿਅਰਥ ਜਾਂਦੇ ਹਨ);

39992	933	ਡਾਹਪਣਿ ਤਨਿ ਸੁਖੁ ਨਹੀ ਬਿਨੁ ਡਰ ਬਿਣਠੀ ਡਾਰ॥	ਪਾਪਾਂ ਵਿਕਾਰਾਂ ਚ (ਡਾਹੱਪਣਿ)ਭਟਕਣੇ ਕਰਕੇ। (ਬਿਣਠੀ)ਨਾਸ	Ddaahapan Than Sukh Nehee Bin Ddar Binathee Ddaar ||	In jealousy, the body is not at peace; without the Fear of God, multitudes are ruined.	ਤ੍ਰਿਸ਼ਨਾ ਦੀ ਅੱਗ ਵਿਚ ਸੜਦਿਆਂ ਹਿਰਦੇ ਵਿਚ ਸੁਖ ਨਹੀਂ ਹੋ ਸਕਦਾ; (ਤ੍ਰਿਸ਼ਨਾ ਦੇ ਕਾਰਨ ਪ੍ਰਭੂ) ਡਰ (ਹਿਰਦੇ ਵਿਚੋਂ) ਗਵਾਇਆਂ ਬੇਅੰਤ ਜੀਵ ਖਪ ਰਹੇ ਹਨ।
39993	933	ਡਰਪਿ ਮੁਈ ਘਰਿ ਆਪਨੈ ਡੀਠੀ ਕੰਤਿ ਸੁਜਾਣਿ॥		Ddarap Muee Ghar Aapanai Ddeethee Kanth Sujaan ||	One who remains dead within her own home, through the Fear of God, is looked upon with favor by her all-knowing Husband Lord.	(ਜੋ ਜੀਵ-ਇਸਤ੍ਰੀ ਪ੍ਰਭੂ ਦੇ) ਡਰ ਦੀ ਰਾਹੀਂ ਆਪਣੇ ਹਿਰਦੇ ਵਿਚ (ਤ੍ਰਿਸ਼ਨਾ ਵਲੋਂ) ਮਰ ਗਈ ਹੈ (ਭਾਵ, ਜਿਸ ਨੇ ਤ੍ਰਿਸ਼ਨਾ ਦੀ ਅੱਗ ਬੁਝਾ ਲਈ ਹੈ) ਉਸ ਨੂੰ ਸੁਜਾਨ ਕੰਤ (ਪ੍ਰਭੂ) ਨੇ (ਪਿਆਰ ਨਾਲ) ਤੱਕਿਆ ਹੈ;
39994	933	ਡਰੁ ਰਾਖਿਆ ਗੁਰਿ ਆਪਨੈ ਨਿਰਭਉ ਨਾਮੁ ਵਖਾਣਿ॥		Ddar Raakhiaa Gur Aapanai Nirabho Naam Vakhaan ||	She maintains fear of her Guru, and chants the Name of the Fearless Lord.	ਆਪਣੇ ਗੁਰੂ ਦੀ ਰਾਹੀਂ ਉਸ ਨੇ ਨਿਰਭਉ ਪ੍ਰਭੂ ਦਾ ਨਾਮ ਸਿਮਰ ਕੇ (ਪ੍ਰਭੂ ਦਾ) ਡਰ (ਹਿਰਦੇ ਵਿਚ) ਟਿਕਾਇਆ ਹੈ।
39995	933	ਡੂਗਰਿ ਵਾਸੁ ਤਿਖਾ ਘਣੀ ਜਬ ਦੇਖਾ ਨਹੀ ਦੂਰਿ॥		Ddoogar Vaas Thikhaa Ghanee Jab Dhaekhaa Nehee Dhoor ||	Living on the mountain, I suffer such great thirst; when I see Him, I know that He is not far away.	(ਹੇ ਸਖੀ! ਜਦ ਤਕ ਮੇਰਾ) ਵਾਸ ਪਰਬਤ ਉਤੇ ਰਿਹਾ, (ਭਾਵ, ਹਉਮੈ ਕਰ ਕੇ ਸਿਰ ਉੱਚਾ ਰਿਹਾ) ਮਾਇਆ ਦੀ ਤ੍ਰੇਹ ਬਹੁਤ ਸੀ; ਜਦੋਂ ਮੈਂ ਪ੍ਰਭੂ ਦਾ ਦੀਦਾਰ ਕਰ ਲਿਆ ਤਾਂ ਇਸ ਤ੍ਰੇਹ ਨੂੰ ਮਿਟਾਣ ਵਾਲਾ ਅੰਮ੍ਰਿਤ ਨੇੜੇ ਹੀ ਦਿੱਸ ਪਿਆ।

39996	933	ਤਿਖਾ ਨਿਵਾਰੀ ਸਬਦੁ ਮੰਨਿ ਅੰਮ੍ਰਿਤੁ ਪੀਆ ਭਰਪੂਰਿ॥		Thikhaa Nivaaree Sabadh Mann Anmrith Peeaa Bharapoor ||	My thirst is quenched, and I have accepted the Word of the Shabad. I drink my fill of the Ambrosial Nectar.	ਮੈਂ ਗੁਰੂ ਦੇ ਸ਼ਬਦ ਨੂੰ ਮੰਨ ਕੇ (ਮਾਇਆ ਦੀ) ਤ੍ਰੇਹ ਦੂਰ ਕਰ ਲਈ ਤੇ (ਨਾਮ-) ਅੰਮ੍ਰਿਤ ਰੱਜ ਕੇ ਪੀ ਲਿਆ।
39997	933	ਦੇਹਿ ਦੇਹਿ ਆਖੈ ਸਭੁ ਕੋਈ ਜੈ ਭਾਵੈ ਤੈ ਦੇਇ॥	ਦੇ-ਇ	Dhaehi Dhaehi Aakhai Sabh Koee Jai Bhaavai Thai Dhaee ||	Everyone says, ""Give! Give!"" As He pleases, He gives.	ਹਰੇਕ ਜੀਵ ਆਖਦਾ ਹੈ ਕਿ (ਹੇ ਪ੍ਰਭੂ! ਮੈਨੂੰ ਇਹ ਅੰਮ੍ਰਿਤ) ਦੇਹ; (ਮੈਨੂੰ ਇਹ ਅੰਮ੍ਰਿਤ) ਦੇਹ; ਪਰ ਪ੍ਰਭੂ ਉਸ ਜੀਵ ਨੂੰ ਦੇਂਦਾ ਹੈ ਜੋ ਉਸ ਨੂੰ ਭਾਉਂਦਾ ਹੈ।
39998	933	ਗੁਰੂ ਦੁਆਰੈ ਦੇਵਸੀ ਤਿਖਾ ਨਿਵਾਰੈ ਸੋਇ॥੩੦॥		Guroo Dhuaarai Dhaevasee Thikhaa Nivaarai Soe ||30||	Through the Gurdwara, the Guru's Door, He gives, and quenches the thirst. ||30||	ਪ੍ਰਭੂ ਜਿਸ ਨੂੰ ਸਤਿਗੁਰੂ ਦੀ ਰਾਹੀਂ (ਇਹ ਅੰਮ੍ਰਿਤ) ਦੇਵੇਗਾ, ਉਹੀ ਜੀਵ (ਮਾਇਆ ਵਾਲੀ) ਤ੍ਰੇਹ ਮਿਟਾ ਸਕੇਗਾ ॥੩੦॥
39999	933	ਢੰਢੋਲਤ ਢੂਢਤ ਹਉ ਫਿਰੀ ਢਹਿ ਢਹਿ ਪਵਨਿ ਕਰਾਰਿ॥		Dtandtolath Dtoodtath Ho Firee Dtehi Dtehi Pavan Karaar ||	Searching and seeking, I fell down and collapsed upon the bank of the river of life.	ਮੈਂ ਬਹੁਤ ਢੂੰਢ ਫਿਰੀ ਹਾਂ (ਹਰ ਥਾਂ ਇਹੀ ਵੇਖਿਆ ਹੈ ਕਿ ਤ੍ਰਿਸ਼ਨਾ ਦੇ ਭਾਵ ਨਾਲ) ਭਾਰੇ ਹੋਏ ਅਨੇਕਾਂ ਬੰਦੇ (ਸੰਸਾਰ-ਸਮੁੰਦਰ ਦੇ) ਉਰਲੇ ਕੰਢੇ ਤੇ ਹੀ ਡਿੱਗਦੇ ਜਾ ਰਹੇ ਹਨ;
40000	933	ਭਾਰੇ ਢਹਤੇ ਢਹਿ ਪਏ ਹਉਲੇ ਨਿਕਸੇ ਪਾਰਿ॥		Bhaarae Dtehathae Dtehi Peae Houlae Nikasae Paar ||	Those who are heavy with sin sink down, but those who are light swim across.	(ਪਰ ਜਿਨ੍ਹਾਂ ਦੇ ਸਿਰ ਉਤੇ ਮਾਇਆ ਦੀ ਪੋਟਲੀ ਦਾ ਭਾਰ ਨਹੀਂ, ਉਹ) ਹੌਲੇ (ਹੋਣ ਕਰਕੇ) ਪਾਰ ਲੰਘ ਜਾਂਦੇ ਹਨ।

40001	933	ਅਮਰ ਅਜਾਚੀ ਹਰਿ ਮਿਲੇ ਤਿਨ ਕੈ ਹਉ ਬਲਿ ਜਾਉ॥	ਅ-ਜਾਚੀ	Amar Ajaachee Har Milae Thin Kai Ho Bal Jaao ||	I am a sacrifice to those who meet the immortal and immeasurable Lord.	ਮੈਂ (ਪਾਰ ਲੰਘਣ ਵਾਲੇ) ਉਹਨਾਂ ਬੰਦਿਆਂ ਤੋਂ ਸਦਕੇ ਹਾਂ, ਉਹਨਾਂ ਨੂੰ ਅਵਿਨਾਸ਼ੀ ਤੇ ਵੱਡਾ ਪ੍ਰਭੂ ਮਿਲ ਪਿਆ ਹੈ,
40002	933	ਤਿਨ ਕੀ ਧੂੜਿ ਅਘੁਲੀਐ ਸੰਗਤਿ ਮੇਲਿ ਮਿਲਾਉ॥	ਅ-ਘੁੱਲੀਐ	Thin Kee Dhoorr Aghuleeai Sangath Mael Milaao ||	The dust of their feet brings emancipation; in their company, we are united in the Lord's Union.	ਉਹਨਾਂ ਦੀ ਚਰਨ-ਧੂੜ ਲਿਆਂ (ਮਾਇਆ ਦੀ ਤ੍ਰਿਸ਼ਨਾ ਤੋਂ) ਛੁੱਟ ਜਾਈਦਾ ਹੈ, (ਪ੍ਰਭੂ ਮੇਹਰ ਕਰੇ) ਮੈਂ ਵੀ ਉਹਨਾਂ ਦੀ ਸੰਗਤ ਵਿਚ ਉਹਨਾਂ ਦੇ ਇਕੱਠ ਵਿਚ ਰਹਾਂ।
40003	933	ਮਨੁ ਦੀਆ ਗੁਰਿ ਆਪਨੈ ਪਾਇਆ ਨਿਰਮਲ ਨਾਉ॥		Man Dheeaa Gur Aapanai Paaeiaa Niramal Naao ||	I gave my mind to my Guru, and received the Immaculate Name.	ਜਿਸ ਮਨੁੱਖ ਨੇ ਆਪਣੇ ਸਤਿਗੁਰੂ ਦੀ ਰਾਹੀਂ (ਆਪਣਾ) ਮਨ (ਪ੍ਰਭੂ ਨੂੰ) ਦਿੱਤਾ ਹੈ, ਉਸ ਨੂੰ (ਪ੍ਰਭੂ ਦਾ) ਪਵਿਤ੍ਰ ਨਾਮ ਮਿਲ ਗਿਆ ਹੈ।
40004	934	ਜਿਨਿ ਨਾਮੁ ਦੀਆ ਤਿਸੁ ਸੇਵਸਾ ਤਿਸੁ ਬਲਿਹਾਰੈ ਜਾਉ॥		Jin Naam Dheeaa This Saevasaa This Balihaarai Jaao ||	I serve the One who gave me the Naam; I am a sacrifice to Him.	ਮੈਂ ਉਸ (ਗੁਰੂ) ਤੋਂ ਸਦਕੇ ਹਾਂ, ਮੈਂ ਉਸ ਦੀ ਸੇਵਾ ਕਰਾਂਗੀ ਜਿਸ ਨੇ (ਮੈਨੂੰ) 'ਨਾਮ' ਬਖ਼ਸ਼ਿਆ ਹੈ।
40005	934	ਜੋ ਉਸਾਰੇ ਸੋ ਢਾਹਸੀ ਤਿਸੁ ਬਿਨੁ ਅਵਰੁ ਨ ਕੋਇ॥		Jo Ousaarae So Dtaahasee This Bin Avar N Koe ||	He who builds, also demolishes; there is no other than Him.	ਜੋ (ਪ੍ਰਭੂ ਜਗਤ ਨੂੰ) ਰਚਨ ਵਾਲਾ ਹੈ ਉਹੀ ਨਾਸ ਕਰਨ ਵਾਲਾ ਹੈ, ਉਸ ਤੋਂ ਬਿਨਾ (ਐਸੀ ਸਮਰਥਾ ਵਾਲਾ) ਹੋਰ ਕੋਈ ਨਹੀਂ ਹੈ;

40006	934	ਗੁਰ ਪਰਸਾਦੀ ਤਿਸੁ ਸੰਮ੍ਲਾ ਤਾ ਤਨਿ ਦੂਖੁ ਨ ਹੋਇ॥੩੧॥		Gur Parasaadhee This Sanmhalaa Thaa Than Dhookh N Hoe ||31||	By Guru's Grace, I contemplate Him, and then my body does not suffer in pain. ||31||	ਜੇ ਮੈਂ ਸਤਿਗੁਰੂ ਦੀ ਮੇਹਰ ਨਾਲ ਉਸ ਨੂੰ ਸਿਮਰਦੀ ਰਹਾਂ, ਤਾਂ ਸਰੀਰ ਵਿਚ ਕੋਈ ਦੁੱਖ ਨਹੀਂ ਪੈਦਾ ਹੁੰਦਾ (ਭਾਵ, ਕੋਈ ਵਿਕਾਰ ਨਹੀਂ ਉੱਠਦਾ) ॥੩੧॥
40007	934	ਣਾ ਕੋ ਮੇਰਾ ਕਿਸੁ ਗਹੀ ਣਾ ਕੋ ਹੋਆ ਨ ਹੋਗੁ॥	(ਗਹੀ) ਗ੍ਰਹਿਣ ਕਰਾਂ	Naa Ko Maeraa Kis Gehee Naa Ko Hoaa N Hog ||	No one is mine - whose gown should I grasp and hold? No one ever was, and no one shall ever be mine.	(ਗੋਪਾਲ ਤੋਂ ਬਿਨਾ ਮੈਂ) ਹੋਰ ਕਿਸ ਦਾ ਆਸਰਾ ਲਵਾਂ? (ਜਗਤ ਵਿਚ) ਨਾ ਕੋਈ ਐਸ ਵੇਲੇ ਮੇਰਾ (ਅਸਲ ਸਾਥੀ) ਹੈ, ਨਾਹ ਕੋਈ ਪਿਛਲੇ ਸਮੇ (ਸਾਥੀ ਬਣਿਆ) ਅਤੇ ਨਾਹ ਹੀ ਕੋਈ ਕਦੇ ਬਣੇਗਾ।
40008	934	ਆਵਣਿ ਜਾਣਿ ਵਿਗੁਚੀਐ ਦੁਬਿਧਾ ਵਿਆਪੈ ਰੋਗੁ॥	ਵਿਗੁੱਚੀਐ	Aavan Jaan Vigucheeai Dhubidhhaa Viaapai Rog ||	Coming and going, one is ruined, afflicted with the disease of dual-mindedness.	(ਇਸ ਕੂੜੀ ਮਮਤਾ ਦੇ ਕਾਰਨ, ਮਾਇਆ ਨੂੰ ਸਾਥੀ ਬਨਾਣ ਦੇ ਕਾਰਨ) ਜਨਮ ਮਰਨ (ਦੇ ਗੇੜ) ਵਿਚ ਹੀ ਖ਼ੁਆਰ ਹੋਈਦਾ ਹੈ, ਅਤੇ ਦੁਚਿੱਤਾਪਨ ਦਾ ਰੋਗ (ਅਸਾਡੇ ਉਤੇ) ਦਬਾ ਪਾਈ ਰੱਖਦਾ ਹੈ।
40009	934	ਣਾਮ ਵਿਹੂਣੇ ਆਦਮੀ ਕਲਰ ਕੰਧ ਗਿਰੰਤਿ॥	ਕੱਲਰ। ਗਿ-ਰੰਤਿ	Naam Vihoonae Aadhamee Kalar Kandhh Giranth ||	Those beings who lack the Naam, the Name of the Lord, collapse like pillars of salt.	'ਨਾਮ' ਤੋਂ ਸੱਖਣੇ ਬੰਦੇ ਇਉਂ ਡਿੱਗਦੇ ਹਨ (ਭਾਵ, ਸੁਆਸ ਵਿਅਰਥ ਗੁਜ਼ਾਰੀ ਜਾਂਦੇ ਹਨ) ਜਿਵੇਂ ਕੱਲਰ ਦੀ ਕੰਧ (ਕਿਰਦੀ ਰਹਿੰਦੀ ਹੈ)।
40010	934	ਵਿਣੁ ਨਾਵੈ ਕਿਉ ਛੂਟੀਐ ਜਾਇ ਰਸਾਤਲਿ ਅੰਤਿ॥		Vin Naavai Kio Shhootteeai Jaae Rasaathal Anth ||	Without the Name, how can they find release? They fall into hell in the end.	'ਨਾਮ' ਤੋਂ ਬਿਨਾ (ਮਮਤਾ ਤੋਂ) ਬਚ ਭੀ ਨਹੀਂ ਸਕੀਦਾ, (ਮਨੁੱਖ) ਆਖ਼ਰ ਨਰਕ ਵਿਚ ਹੀ ਡਿੱਗਦਾ ਹੈ।

40011	934	ਗਣਤ ਗਣਾਵੈ ਅਖਰੀ ਅਗਣਤੁ ਸਾਚਾ ਸੋਇ॥	ਅ-ਗਣਤੁ	Ganath Ganaavai Akharee Aganath Saachaa Soe ||	Using a limited number of words, we describe the unlimited True Lord.	(ਇਸ ਦਾ ਇਹ ਭਾਵ ਨਹੀਂ ਕਿ ਪ੍ਰਭੂ ਦੇ ਗੁਣ ਚੇਤੇ ਕੀਤਿਆਂ ਪ੍ਰਭੂ ਦੇ ਗੁਣਾਂ ਦਾ ਅੰਤ ਪੈ ਸਕਦਾ ਹੈ) ਸਦਾ ਕਾਇਮ ਰਹਿਣ ਵਾਲਾ ਪ੍ਰਭੂ ਲੇਖੇ ਤੋਂ ਪਰੇ ਹੈ (ਬਿਆਨ ਨਹੀਂ ਕੀਤਾ ਜਾ ਸਕਦਾ, ਪਰ ਜੋ) ਮਨੁੱਖ ਉਸ (ਦੇ ਸਾਰੇ ਗੁਣਾਂ) ਨੂੰ ਅੱਖਰਾਂ ਦੀ ਰਾਹੀਂ ਵਰਣਨ ਕਰਦਾ ਹੈ,
40012	934	ਅਗਿਆਨੀ ਮਤਿ ਹੀਣੁ ਹੈ ਗੁਰ ਬਿਨੁ ਗਿਆਨੁ ਨ ਹੋਇ॥		Agiaanee Mathiheen Hai Gur Bin Giaan N Hoe ||	The ignorant lack understanding. Without the Guru, there is no spiritual wisdom.	(ਉਹ) ਅਗਿਆਨੀ ਹੈ ਮੱਤ ਤੋਂ ਸੱਖਣਾ ਹੈ। ਗੁਰੂ (ਦੀ ਸਰਨ) ਤੋਂ ਬਿਨਾ (ਇਹ) ਸਮਝ ਭੀ ਨਹੀਂ ਆਉਂਦੀ (ਕਿ ਪ੍ਰਭੂ ਅਗਣਤ ਹੈ)।
40013	934	ਤੂਟੀ ਤੰਤੁ ਰਬਾਬ ਕੀ ਵਾਜੈ ਨਹੀ ਵਿਜੋਗਿ॥		Thoottee Thanth Rabaab Kee Vaajai Nehee Vijog ||	The separated soul is like the broken string of a guitar, which does not vibrate its sound.	ਰਬਾਬ ਦੀ ਤਾਰ ਟੁੱਟ ਜਾਏ ਤਾਂ ਵਿਜੋਗ ਦੇ ਕਾਰਨ (ਭਾਵ, ਟੁੱਟ ਜਾਣ ਦੇ ਕਾਰਨ) ਉਹ ਵੱਜ ਨਹੀਂ ਸਕਦੀ (ਰਾਗ ਪੈਦਾ ਨਹੀਂ ਕਰ ਸਕਦੀ;
40014	934	ਵਿਛੁੜਿਆ ਮੇਲੈ ਪ੍ਰਭੂ ਨਾਨਕ ਕਰਿ ਸੰਜੋਗ॥੩੨॥		Vishhurriaa Maelai Prabhoo Naanak Kar Sanjog ||32||	God unites the separated souls with Himself, awakening their destiny. ||32||	ਇਸੇ ਤਰ੍ਹਾਂ ਜੋ ਜੀਵਾਤਮਾ ਪ੍ਰਭੂ ਤੋਂ ਵਿਛੁੜਿਆ ਹੈ ਉਸ ਦੇ ਅੰਦਰ ਜੀਵਨ-ਰਾਗ ਪੈਦਾ ਨਹੀਂ ਹੋ ਸਕਦਾ, ਪਰ) ਹੇ ਨਾਨਕ! ਪਰਮਾਤਮਾ (ਆਪਣੇ ਨਾਲ) ਮਿਲਾਣ ਦੀ ਬਣਤ ਬਣਾ ਕੇ ਵਿੱਛੁੜਿਆਂ ਨੂੰ ਭੀ ਮਿਲਾ ਲੈਂਦਾ ਹੈ ॥੩੨॥

40015	934	ਤਰਵਰੁ ਕਾਇਆ ਪੰਖਿ ਮਨੁ ਤਰਵਰਿ ਪੰਖੀ ਪੰਚ॥		Tharavar Kaaeiaa Pankh Man Tharavar Pankhee Panch ||	The body is the tree, and the mind is the bird; the birds in the tree are the five senses.	(ਮਨੁੱਖਾ) ਸਰੀਰ (ਇਕ) ਰੁੱਖ (ਸਮਾਨ) ਹੈ, (ਇਸ) ਰੁੱਖ ਉਤੇ ਮਨ ਪੰਛੀ ਦੇ ਪੰਜ (ਗਿਆਨ ਇੰਦ੍ਰੇ) ਪੰਛੀ (ਬੈਠੇ) ਹੋਏ ਹਨ।
40016	934	ਤਤੁ ਚੁਗਹਿ ਮਿਲਿ ਏਕ ਸੇ ਤਿਨ ਕਉ ਫਾਸ ਨ ਰੰਚ॥	(ਦੂਜਾ ਪਾਠ: ਏਕਸੇ)	Thath Chugehi Mil Eaekasae Thin Ko Faas N Ranch ||	They peck at the essence of reality, and merge with the One Lord. They are never trapped at all.	(ਜਿਨ੍ਹਾਂ ਮਨੁੱਖਾਂ ਦੇ ਇਹ ਪੰਛੀ) ਇਕ ਪ੍ਰਭੂ ਨਾਲ ਮਿਲ ਕੇ 'ਨਾਮ'-ਰੂਪ ਫਲ ਖਾਂਦੇ ਹਨ, ਉਹਨਾਂ ਨੂੰ ਰਤਾ ਭੀ (ਮਾਇਆ ਦੀ) ਫਾਹੀ ਨਹੀਂ ਪੈਂਦੀ।
40017	934	ਉਡਹਿ ਤ ਬੇਗੁਲ ਬੇਗੁਲੇ ਤਾਕਹਿ ਚੋਗ ਘਣੀ॥	ਤੱਾਕਹਿ	Ouddehi Th Baegul Baegulae Thaakehi Chog Ghanee ||	But the others fly away in a hurry, when they see the food.	(ਪਰ ਜੋ) ਕਾਹਲੀ ਕਾਹਲੀ ਉੱਡਦੇ ਹਨ ਤੇ ਬਹੁਤੇ ਚੋਗੇ (ਭਾਵ, ਬਹੁਤੇ ਪਦਾਰਥ) ਤੱਕਦੇ ਫਿਰਦੇ ਹਨ,
40018	934	ਪੰਖ ਤੁਟੇ ਫਾਹੀ ਪੜੀ ਅਵਗੁਣਿ ਭੀੜ ਬਣੀ॥	ਪੜੀ: ੜ ਹੇਠਾਂ ਹਲੰਤ ਨ ਲਾਉ	Pankh Thuttae Faahee Parree Avagun Bheerr Banee ||	Their feathers are clipped, and they are caught in the noose; through their mistakes, they are caught in disaster.	(ਉਹਨਾਂ ਦੇ) ਖੰਭ ਟੁੱਟ ਜਾਂਦੇ ਹਨ, (ਉਹਨਾਂ ਨੂੰ ਮਾਇਆ ਦੀ) ਫਾਹੀ ਆ ਪੈਂਦੀ ਹੈ ਤੇ (ਘਣੀ ਚੋਗ ਵਲ ਤੱਕਣ ਦੇ) ਔਗੁਣ ਬਦਲੇ ਉਹਨਾਂ ਉਤੇ ਇਹ ਬਿਪਤਾ ਆ ਬਣਦੀ ਹੈ।

40019	934	ਬਿਨੁ ਸਾਚੇ ਕਿਉ ਛੂਟੀਐ ਹਰਿ ਗੁਣ ਕਰਮਿ ਮਣੀ॥		Bin Saachae Kio Shhootteeai Har Gun Karam Manee ||	Without the True Lord, how can anyone find release? The jewel of the Lord's Glorious Praises comes by the karma of good actions.	(ਇਸ ਭੀੜਾ ਤੋਂ) ਪ੍ਰਭੂ (ਦੇ ਗੁਣ ਗਾਵਣ) ਤੋਂ ਬਿਨਾ ਬਚ ਨਹੀਂ ਸਕੀਦਾ, ਤੇ, ਪ੍ਰਭੂ ਦੇ ਗੁਣਾਂ ਦਾ ਮੱਥੇ ਉਤੇ ਲੇਖ (ਪ੍ਰਭੂ ਦੀ) ਬਖ਼ਸ਼ਸ਼ ਨਾਲ ਹੀ (ਲਿਖਿਆ ਜਾ ਸਕਦਾ) ਹੈ।
40020	934	ਆਪਿ ਛਡਾਏ ਛੂਟੀਐ ਵਡਾ ਆਪਿ ਧਣੀ॥		Aap Shhaddaaeae Shhootteeai Vaddaa Aap Dhhanee ||	When He Himself releases them, only then are they released. He Himself is the Great Master.	ਉਹ ਆਪ (ਸਭ ਤੋਂ) ਵੱਡਾ ਮਾਲਕ ਹੈ; ਆਪ ਹੀ (ਮਾਇਆ ਦੀ ਫਾਹੀ ਤੋਂ) ਬਚਾਏ ਤਾਂ ਬਚ ਸਕੀਦਾ ਹੈ।
40021	934	ਗੁਰ ਪਰਸਾਦੀ ਛੂਟੀਐ ਕਿਰਪਾ ਆਪਿ ਕਰੇਇ॥		Gur Parasaadhee Shhootteeai Kirapaa Aap Karaee ||	By Guru's Grace, they are released, when He Himself grants His Grace.	ਜੇ (ਗੋਪਾਲ) ਆਪ ਮੇਹਰ ਕਰੇ ਤਾਂ ਸਤਿਗੁਰੂ ਦੀ ਕਿਰਪਾ ਨਾਲ (ਇਸ ਫਾਹੀ ਤੋਂ) ਨਿਕਲ ਸਕੀਦਾ ਹੈ।
40022	934	ਅਪਣੈ ਹਾਥਿ ਵਡਾਈਆ ਜੈ ਭਾਵੈ ਤੈ ਦੇਇ॥੩੩॥		Apanai Haathh Vaddaaeeaa Jai Bhaavai Thai Dhaee ||33||	Glorious greatness rests in His Hands. He blesses those with whom He is pleased. ||33||	(ਗੁਣ ਗਾਵਣ ਦੀਆਂ) ਇਹ ਬਖ਼ਸ਼ਸ਼ਾਂ ਉਸ ਦੇ ਆਪਣੇ ਹੱਥ ਵਿਚ ਹਨ, ਉਸੇ ਨੂੰ ਹੀ ਦੇਂਦਾ ਹੈ ਜੋ ਉਸ ਨੂੰ ਭਾਉਂਦਾ ਹੈ ॥੩੩॥
40023	934	ਥਰ ਥਰ ਕੰਪੈ ਜੀਅੜਾ ਥਾਨ ਵਿਹੂਣਾ ਹੋਇ॥		Thhar Thhar Kanpai Jeearraa Thhaan Vihoonaa Hoe ||	The soul trembles and shakes, when it loses its mooring and support.	(ਜਦੋਂ ਇਹ) ਨਿਮਾਣੀ ਜਿੰਦ (ਗੋਪਾਲ ਦਾ) ਸਹਾਰਾ ਗੰਵਾ ਬੈਠਦੀ ਹੈ ਤਾਂ ਥਰਥਰ ਕੰਬਦੀ ਹੈ;

40024	934	ਥਾਨਿ ਮਾਨਿ ਸਚੁ ਏਕੁ ਹੈ ਕਾਜੁ ਨ ਫੀਟੈ ਕੋਇ॥		Thhaan Maan Sach Eaek Hai Kaaj N Feettai Koe ||	Only the support of the True Lord brings honor and glory. Through it, one's works are never in vain.	(ਹਰ ਵੇਲੇ ਸਹਿਮੀ ਰਹਿੰਦੀ ਹੈ) (ਪਰ ਜਿਸ ਨੂੰ, ਹੇ ਗੋਪਾਲ) ਸਹਾਰਾ ਦੇਣ ਵਾਲਾ ਤੇ ਆਦਰ ਦੇਣ ਵਾਲਾ ਤੂੰ ਸੱਚਾ ਆਪ ਹੈਂ ਉਸ ਦਾ ਕਾਜ (ਜ਼ਿੰਦਗੀ ਦਾ ਮਨੋਰਥ) ਨਹੀਂ ਵਿਗੜਦਾ।
40025	934	ਥਿਰੁ ਨਾਰਾਇਣੁ ਥਿਰੁ ਗੁਰੂ ਥਿਰੁ ਸਾਚਾ ਬੀਚਾਰੁ॥		Thhir Naaraaein Thhir Guroo Thhir Saachaa Beechaar ||	The Lord is eternal and forever stable; the Guru is stable, and contemplation upon the True Lord is stable.	(ਉਸ ਦੇ ਸਿਰ ਉਤੇ ਤੂੰ) ਪ੍ਰਭੂ ਕਾਇਮ ਹੈਂ, ਗੁਰੂ ਰਾਖਾ ਹੈ, ਤੇਰੇ ਗੁਣਾਂ ਦੀ ਵੀਚਾਰ ਉਸ ਦੇ ਹਿਰਦੇ ਵਿਚ ਟਿਕੀ ਹੋਈ ਹੈ।
40026	934	ਸੁਰਿ ਨਰ ਨਾਥਹ ਨਾਥੁ ਤੂ ਨਿਧਾਰਾ ਆਧਾਰੁ॥		Sur Nar Naathheh Naathh Thoo Nidhhaaraa Aadhhaar ||	O Lord and Master of angels, men and Yogic masters, You are the support of the unsupported.	ਉਸ ਦੇ ਵਾਸਤੇ ਦੇਵਤਿਆਂ ਮਨੁੱਖਾਂ ਤੇ ਨਾਥਾਂ ਦਾ ਭੀ ਤੂੰ ਹੀ ਨਾਥ ਹੈਂ; ਤੂੰ ਹੀ ਨਿਆਸਰਿਆਂ ਦਾ ਆਸਰਾ ਹੈਂ।
40027	934	ਸਰਬੇ ਥਾਨ ਥਨੰਤਰੀ ਤੂ ਦਾਤਾ ਦਾਤਾਰੁ॥		Sarabae Thhaan Thhanantharee Thoo Dhaathaa Dhaathaar ||	In all places and interspaces, You are the Giver, the Great Giver.	(ਹੇ ਗੋਪਾਲ!) ਤੂੰ ਹਰ ਥਾਂ ਮੌਜੂਦ ਹੈਂ, ਤੂੰ ਦਾਤਿਆਂ ਦਾ ਦਾਤਾ ਹੈਂ;
40028	934	ਜਹ ਦੇਖਾ ਤਹ ਏਕੁ ਤੂ ਅੰਤੁ ਨ ਪਾਰਾਵਾਰੁ॥		Jeh Dhaekhaa Theh Eaek Thoo Anth N Paaraavaar ||	Wherever I look, there I see You, Lord; You have no end or limitation.	ਮੈਂ ਜਿਧਰ ਤੱਕਦਾ ਹਾਂ ਤੂੰ ਹੀ ਤੂੰ ਹੈਂ, ਤੇਰਾ ਅੰਤ ਤੇਰਾ ਉਰਲਾ ਪਾਰਲਾ ਬੰਨਾ ਲੱਭਿਆ ਨਹੀਂ ਜਾ ਸਕਦਾ।

40029	934	ਥਾਨ ਥਨੰਤਰਿ ਰਵਿ ਰਹਿਆ ਗੁਰ ਸਬਦੀ ਵੀਚਾਰਿ॥		Thhaan Thhananthar Rav Rehiaa Gur Sabadhee Veechaar ||	You are pervading and permeating the places and interspaces; reflecting upon the Word of the Guru's Shabad, You are found.	(ਹੇ ਪਾਂਡੇ!) ਸਤਿਗੁਰੂ ਦੇ ਸ਼ਬਦ ਦੀ ਵਿਚਾਰ ਵਿਚ (ਜੁੜਿਆਂ) ਹਰ ਥਾਂ ਉਹ ਗੋਪਾਲ ਹੀ ਮੌਜੂਦ (ਦਿੱਸਦਾ ਹੈ);
40030	934	ਅਣਮੰਗਿਆ ਦਾਨੁ ਦੇਵਸੀ ਵਡਾ ਅਗਮ ਅਪਾਰੁ॥੩੪॥		Anamangiaa Dhaan Dhaevasee Vaddaa Agam Apaar ||34||	You give gifts even when they are not asked for; You are great, inaccessible and infinite. ||34||	ਨਾਹ ਮੰਗਿਆਂ ਭੀ ਉਹ (ਹਰੇਕ ਜੀਵ ਨੂੰ) ਦਾਨ ਦੇਂਦਾ ਹੈ, ਉਹ ਸਭ ਤੋਂ ਵੱਡਾ ਹੈ, ਅਗੰਮ ਹੈ ਤੇ ਬੇਅੰਤ ਹੈ ॥੩੪॥
40031	934	ਦਇਆ ਦਾਨੁ ਦਇਆਲੁ ਤੂ ਕਰਿ ਕਰਿ ਦੇਖਣਹਾਰੁ॥		Dhaeiaa Dhaan Dhaeiaal Thoo Kar Kar Dhaekhanehaar ||	O Merciful Lord, You are the embodiment of mercy; creating the Creation, You behold it.	(ਹੇ ਗੋਪਾਲ!) ਤੂੰ ਦਇਆਲ ਹੈਂ, ਤੂੰ (ਜੀਵਾਂ ਉਤੇ) ਦਇਆ ਕਰ ਕੇ ਬਖ਼ਸ਼ਸ਼ ਕਰ ਕੇ ਵੇਖ ਰਿਹਾ ਹੈਂ (ਭਾਵ, ਖ਼ੁਸ਼ ਹੁੰਦਾ ਹੈਂ)।
40032	934	ਦਇਆ ਕਰਹਿ ਪ੍ਰਭ ਮੇਲਿ ਲੈਹਿ ਖਿਨ ਮਹਿ ਢਾਹਿ ਉਸਾਰਿ॥		Dhaeiaa Karehi Prabh Mael Laihi Khin Mehi Dtaahi Ousaar ||	Please shower Your Mercy upon me, O God, and unite me with Yourself. In an instant, You destroy and rebuild.	ਹੇ ਗੋਪਾਲ-ਪ੍ਰਭੂ! (ਜਿਸ ਉਤੇ ਤੂੰ) ਮੇਹਰ ਕਰਦਾ ਹੈਂ ਉਸ ਨੂੰ ਆਪਣੇ (ਚਰਨਾਂ) ਵਿਚ ਜੋੜ ਲੈਂਦਾ ਹੈਂ, ਤੂੰ ਇਕ ਪਲ ਵਿਚ ਢਾਹ ਕੇ ਉਸਾਰਨ ਦੇ ਸਮਰਥ ਹੈਂ।

40033	934	ਦਾਨਾ ਤੂ ਬੀਨਾ ਤੁਹੀ ਦਾਨਾ ਕੈ ਸਿਰਿ ਦਾਨੁ॥		Dhaanaa Thoo Beenaa Thuhee Dhaanaa Kai Sir Dhaan ||	You are all-wise and all-seeing; You are the Greatest Giver of all givers.	(ਹੇ ਗੋਪਾਲ!) ਤੂੰ (ਜੀਵਾਂ ਦੇ ਦਿਲ ਦੀ) ਜਾਣਨ ਵਾਲਾ ਹੈਂ ਤੇ ਪਰਖਣ ਵਾਲਾ ਹੈਂ, ਤੂੰ ਦਾਨਿਆਂ ਦਾ ਦਾਨਾ ਹੈਂ,
40034	934	ਦਾਲਦ ਭੰਜਨ ਦੁਖ ਦਲਣ ਗੁਰਮੁਖਿ ਗਿਆਨੁ ਧਿਆਨੁ॥੩੫॥		Dhaaladh Bhanjan Dhukh Dhalan Guramukh Giaan Dhhiaan ||35||	He is the Eradicator of poverty, and the Destroyer of pain; the Gurmukh realizes spiritual wisdom and meditation. ||35||	ਦਲਿਦ੍ਰ ਤੇ ਦੁੱਖ ਨਾਸ ਕਰਨ ਵਾਲਾ ਹੈਂ; ਤੂੰ ਆਪਣੇ ਨਾਲ ਡੂੰਘੀ ਸਾਂਝ (ਤੇ ਆਪਣੇ ਚਰਨਾਂ ਦੀ) ਸੁਰਤ ਸਤਿਗੁਰੂ ਦੀ ਰਾਹੀਂ ਦੇਂਦਾ ਹੈਂ ॥੩੫॥
40035	934	ਧਨਿ ਗਇਐ ਬਹਿ ਝੂਰੀਐ ਧਨ ਮਹਿ ਚੀਤੁ ਗਵਾਰ॥		Dhhan Gaeiai Behi Jhooreeai Dhhan Mehi Cheeth Gavaar ||	Losing his wealth, he cries out in anguish; the fool's consciousness is engrossed in wealth.	ਮੂਰਖ ਮਨੁੱਖ ਦਾ ਮਨ (ਸਦਾ) ਧਨ ਵਿਚ (ਰਹਿੰਦਾ) ਹੈ, (ਇਸ ਲਈ) ਜੇ ਧਨ ਚਲਾ ਜਾਏ ਤਾਂ ਬੈਠਾ ਝੁਰਦਾ ਹੈ।
40036	934	ਧਨੁ ਵਿਰਲੀ ਸਚੁ ਸੰਚਿਆ ਨਿਰਮਲੁ ਨਾਮੁ ਪਿਆਰਿ॥		Dhhan Viralee Sach Sanchiaa Niramal Naam Piaar ||	How rare are those who gather the wealth of Truth, and love the Immaculate Naam, the Name of the Lord.	ਵਿਰਲੇ ਬੰਦਿਆਂ ਨੇ ਪਿਆਰ ਨਾਲ (ਗੋਪਾਲ ਦਾ) ਪਵਿਤ੍ਰ ਨਾਮ-ਰੂਪ ਸੱਚਾ ਧਨ ਇਕੱਠਾ ਕੀਤਾ ਹੈ।
40037	934	ਧਨੁ ਗਇਆ ਤਾ ਜਾਣ ਦੇਹਿ ਜੇ ਰਾਚਹਿ ਰੰਗਿ ਏਕ॥		Dhhan Gaeiaa Thaa Jaan Dhaehi Jae Raachehi Rang Eaek ||	If by losing your wealth, you may become absorbed in the Love of the One Lord, then just let it go.	(ਹੇ ਪਾਂਡੇ! ਗੋਪਾਲ ਨਾਲ ਚਿੱਤ ਜੋੜਿਆਂ) ਜੇ ਧਨ ਗੁਆਚਦਾ ਹੈ ਤਾਂ ਗੁਆਚਣ ਦੇਹ,

40038	934	ਮਨੁ ਦੀਜੈ ਸਿਰੁ ਸਉਪੀਐ ਭੀ ਕਰਤੇ ਕੀ ਟੇਕ॥		Man Dheejai Sir Soupeeai Bhee Karathae Kee Ttaek ||	Dedicate your mind, and surrender your head; seek only the Support of the Creator Lord.	(ਪਰ ਹਾਂ) ਜੇ ਤੂੰ ਇਕ ਪ੍ਰਭੂ ਦੇ ਪਿਆਰ ਵਿਚ ਜੁੜ ਸਕੇਂ (ਤਾਂ ਇਸ ਦੀ ਖ਼ਾਤਰ) ਮਨ ਭੀ ਦੇ ਦੇਣਾ ਚਾਹੀਦਾ ਹੈ, ਸਿਰ ਭੀ ਅਰਪਣ ਕਰ ਦੇਣਾ ਚਾਹੀਦਾ ਹੈ; (ਇਹ ਸਭ ਕੁਝ ਦੇ ਕੇ) ਫਿਰ ਭੀ ਕਰਤਾਰ ਦੀ (ਮੇਹਰ ਦੀ) ਆਸ ਰੱਖਣੀ ਚਾਹੀਦੀ ਹੈ।
40039	934	ਧੰਧਾ ਧਾਵਤ ਰਹਿ ਗਏ ਮਨ ਮਹਿ ਸਬਦੁ ਅਨੰਦੁ॥		Dhhandhhaa Dhhaavath Rehi Geae Man Mehi Sabadh Anandh ||	Worldly affairs and wanderings cease, when the mind is filled with the bliss of the Shabad.	ਜਿਨ੍ਹਾਂ ਮਨੁੱਖਾਂ ਦੇ ਮਨ ਵਿਚ (ਸਤਿਗੁਰੂ ਦਾ) ਸ਼ਬਦ (ਵੱਸ ਪੈਂਦਾ) ਹੈ (ਰਾਮ-ਨਾਮ ਦਾ) ਆਨੰਦ (ਆ ਜਾਂਦਾ) ਹੈ, ਉਹ (ਮਾਇਆ ਦੇ) ਧੰਧਿਆਂ ਵਿਚ ਭਟਕਣ ਤੋਂ ਰਹਿ ਜਾਂਦੇ ਹਨ,
40040	934	ਦੁਰਜਨ ਤੇ ਸਾਜਨ ਭਏ ਭੇਟੇ ਗੁਰ ਗੋਵਿੰਦ॥		Dhurajan Thae Saajan Bheae Bhaettae Gur Govindh ||	Even one's enemies become friends, meeting with the Guru, the Lord of the Universe.	(ਕਿਉਂਕਿ) ਗੁਰੂ ਪਰਮਾਤਮਾ ਨੂੰ ਮਿਲਿਆਂ ਉਹ ਮੰਦੇ ਤੋਂ ਚੰਗੇ ਬਣ ਜਾਂਦੇ ਹਨ।
40041	934	ਬਨੁ ਬਨੁ ਫਿਰਤੀ ਢੂਢਤੀ ਬਸਤੁ ਰਹੀ ਘਰਿ ਬਾਰਿ॥		Ban Ban Firathee Dtoodtathee Basath Rehee Ghar Baar ||	Wandering from forest to forest searching, you will find that those things are within the home of your own heart.	(ਜੋ ਜੀਵ-ਇਸਤ੍ਰੀ ਉਸ ਪ੍ਰਭੂ-ਨਾਮ ਦੀ ਖ਼ਾਤਰ) ਜੰਗਲ ਜੰਗਲ ਢੂੰਢਦੀ ਫਿਰੀ (ਉਸ ਨੂੰ ਨਾਹ ਮਿਲਿਆ, ਕਿਉਂਕਿ) ਉਹ (ਨਾਮ-) ਵਸਤ ਤਾਂ ਹਿਰਦੇ ਵਿਚ ਸੀ, ਘਰ ਦੇ ਅੰਦਰ ਹੀ ਸੀ।

40042	934	ਸਤਿਗੁਰਿ ਮੇਲੀ ਮਿਲਿ ਰਹੀ ਜਨਮ ਮਰਣ ਦੁਖੁ ਨਿਵਾਰਿ॥੩੬॥		Sathigur Maelee Mil Rehee Janam Maran Dhukh Nivaar ||36||	United by the True Guru, you shall remain united, and the pains of birth and death will be ended. ||36||	ਜਦੋਂ ਸਤਿਗੁਰੂ ਨੇ (ਪ੍ਰਭੂ) ਮਿਲਾਇਆ ਤਾਂ (ਉਹ ਉਸ ਦੇ ਨਾਮ ਵਿਚ) ਜੁੜ ਬੈਠੀ, ਤੇ ਉਸ ਦਾ ਜਨਮ ਮਰਨ ਦਾ ਦੁੱਖ ਮੁੱਕ ਗਿਆ ॥੩੬॥
40043	934	ਨਾ ਨਾ ਕਰਤ ਨ ਛੂਟੀਐ ਵਿਣੁ ਗੁਣ ਜਮਪੁਰਿ ਜਾਹਿ॥	ਮੈਂ (ਨਾ) ਨਹੀਂ ਜਮਪੁਰੀ ਨੂੰ ਜਾਣਾ, ਮੈਂ (ਨਾ) ਨਹੀਂ ਜਮਪੁਰੀ ਨੂੰ ਜਾਣਾ	Naanaa Karath N Shhootteeai Vin Gun Jam Pur Jaahi ||	Through various rituals, one does not find release. Without virtue, one is sent to the City of Death.	ਅਨੇਕਾਂ (ਧਾਰਮਿਕ) ਕਰਮ ਕੀਤਿਆਂ (ਅਹੰਕਾਰ ਤੋਂ) ਖ਼ਲਾਸੀ ਨਹੀਂ ਹੋ ਸਕਦੀ, ਗੋਪਾਲ ਦੇ ਗੁਣ ਗਾਉਣ ਤੋਂ ਬਿਨਾ (ਇਸ ਅਹੰਕਾਰ ਦੇ ਕਾਰਨ) ਨਰਕ ਵਿਚ ਹੀ ਪਈਦਾ ਹੈ।
40044	934	ਨਾ ਤਿਸੁ ਏਹੁ ਨ ਓਹੁ ਹੈ ਅਵਗੁਣਿ ਫਿਰਿ ਪਛੁਤਾਹਿ॥		Naa This Eaehu N Ouhu Hai Avagun Fir Pashhuthaahi ||	One will not have this world or the next; committing sinful mistakes, one comes to regret and repent in the end.	(ਜੋ ਮਨੁੱਖ ਨਿਰੇ 'ਕਰਮਾਂ' ਦਾ ਹੀ ਆਸਰਾ ਲੈਂਦਾ ਹੈ) ਉਸ ਨੂੰ ਨਾਹ ਇਹ ਲੋਕ ਮਿਲਿਆ ਨਾਹ ਪਰਲੋਕ (ਭਾਵ, ਉਸ ਨੇ ਨਾਹ 'ਦੁਨੀਆ' ਸਵਾਰੀ ਨਾਹ 'ਦੀਨ', ਅਜੇਹੇ ਬੰਦੇ, ਕਰਮ ਕਾਂਡ ਦੇ) ਔਗੁਣ ਵਿਚ ਫਸੇ ਰਹਿਣ ਕਰਕੇ ਅੰਤ ਪਛੁਤਾਉਂਦੇ ਹੀ ਹਨ।
40045	935	ਨਾ ਤਿਸੁ ਗਿਆਨੁ ਨ ਧਿਆਨੁ ਹੈ ਨਾ ਤਿਸੁ ਧਰਮੁ ਧਿਆਨੁ॥		Naa This Giaan N Dhhiaan Hai Naa This Dhharam Dhhiaan ||	He has neither spiritual wisdom or meditation; neither Dharmic faith mor meditation.	ਐਸੇ ਮਨੁੱਖ ਨੂੰ ਨਾਹ ਗੋਪਾਲ ਨਾਲ ਡੂੰਘੀ ਸਾਂਝ ਹਾਸਲ ਹੁੰਦੀ ਹੈ, ਨਾਹ ਉੱਚੀ ਸੁਰਤ, ਤੇ ਨਾਹ ਹੀ ਧਰਮ।

40046	935	ਵਿਣੁ ਨਾਵੈ ਨਿਰਭਉ ਕਹਾ ਕਿਆ ਜਾਣਾ ਅਭਿਮਾਨੁ॥		Vin Naavai Nirabho Kehaa Kiaa Jaanaa Abhimaan ||	Without the Name, how can one be fearless? How can he understand egotistical pride?	(ਇਹ ਅਹੰਕਾਰ ਦੇ ਕਾਰਨ) 'ਨਾਮ' ਤੋਂ ਬਿਨਾ ਨਿਰਭਉ ਪ੍ਰਭੂ ਦੀ ਪ੍ਰਾਪਤੀ ਨਹੀਂ ਹੋ ਸਕਦੀ, 'ਅਹੰਕਾਰ' ਨੂੰ ਸਮਝਿਆ ਨਹੀਂ ਜਾ ਸਕਦਾ (ਭਾਵ, ਅਹੰਕਾਰ ਵਿਚ ਟਿਕੇ ਰਿਹਾਂ ਇਹ ਸਮਝ ਭੀ ਨਹੀਂ ਆਉਂਦੀ ਕਿ ਸਾਡੇ ਉਤੇ ਅਹੰਕਾਰ ਦੀ ਕਾਠੀ ਪਈ ਹੋਈ ਹੈ)।
40047	935	ਥਾਕਿ ਰਹੀ ਕਿਵ ਅਪੜਾ ਹਾਥ ਨਹੀ ਨਾ ਪਾਰੁ॥	ਅੱਪੜਾਂ	Thhaak Rehee Kiv Aparraa Haathh Nehee Naa Paar ||	I am so tired - how can I get there? This ocean has no bottom or end.	(ਇਹ ਇਕ ਐਸਾ ਸਮੁੰਦਰ ਹੈ ਕਿ) ਇਸ ਦੀ ਡੂੰਘਾਈ ਤੇ ਪਾਰਲਾ ਬੰਨਾ ਨਹੀਂ ਲੱਭ ਸਕਦਾ, ਮੈਂ ਜਤਨ ਕਰ ਕੇ ਥੱਕ ਗਈ ਹਾਂ, ਪਰ ਅੰਤ ਨਹੀਂ ਪਾ ਸਕੀ;
40048	935	ਨਾ ਸਾਜਨ ਸੇ ਰੰਗੁਲੇ ਕਿਸੁ ਪਹਿ ਕਰੀ ਪੁਕਾਰ॥		Naa Saajan Sae Rangulae Kis Pehi Karee Pukaar ||	I have no loving companions, whom I can ask for help.	ਗੋਪਾਲ ਦੇ ਨਾਮ ਵਿਚ ਰੰਗੇ ਹੋਏ ਗੁਰਮੁਖਾਂ ਤੋਂ ਬਿਨਾ ਹੋਰ ਕਿਸੇ ਅੱਗੇ ਇਹ ਦੁੱਖ ਦੱਸਿਆ ਭੀ ਨਹੀਂ ਜਾ ਸਕਦਾ।
40049	935	ਨਾਨਕ ਪ੍ਰਿਉ ਪ੍ਰਿਉ ਜੇ ਕਰੀ ਮੇਲੇ ਮੇਲਣਹਾਰੁ॥		Naanak Prio Prio Jae Karee Maelae Maelanehaar ||	O Nanak, crying out, ""Beloved, Beloved"", we are united with the Uniter.	ਹੇ ਨਾਨਕ! ਜੇ ਮੈਂ ਉਸ ਪਿਆਰੇ ਪ੍ਰਭੂ ਨੂੰ ਮੁੜ ਮੁੜ ਯਾਦ ਕਰਾਂ ਤੇ ਉਹ ਮੇਲਣ ਦੇ ਸਮਰੱਥ ਪਿਆਰਾ ਆਪ ਹੀ ਮਿਲਾ ਲੈਂਦਾ ਹੈ।

40050	935	ਜਿਨਿ ਵਿਛੋੜੀ ਸੋ ਮੇਲਸੀ ਗੁਰ ਕੈ ਹੇਤਿ ਅਪਾਰਿ॥੩੭॥		Jin Vishhorree So Maelasee Gur Kai Haeth Apaar ||37||	He who separated me, unites me again; my love for the Guru is infinite. ||37||	ਜਿਸ ਪ੍ਰਭੂ ਨੇ ('ਅਭਿਮਾਨ' ਦੀ ਵਿੱਥ ਪਾ ਕੇ) ਵਿਛੋੜਿਆ ਹੋਇਆ ਹੈ ਉਹ ਗੁਰੂ ਦੇ ਅਥਾਹ ਪਿਆਰ ਦੀ ਰਾਹੀਂ ਮਿਲਾਏਗਾ ॥੩੭॥
40051	935	ਪਾਪੁ ਬੁਰਾ ਪਾਪੀ ਕਉ ਪਿਆਰਾ॥		Paap Buraa Paapee Ko Piaaraa ||	Sin is bad, but it is dear to the sinner.	(ਹੇ ਪਾਂਡੇ!) ਪਾਪ ਮਾੜਾ (ਕੰਮ) ਹੈ, ਪਰ ਪਾਪੀ ਨੂੰ ਪਿਆਰਾ ਲੱਗਦਾ ਹੈ,
40052	935	ਪਾਪਿ ਲਦੇ ਪਾਪੇ ਪਾਸਾਰਾ॥	ਲੱਦੇ	Paap Ladhae Paapae Paasaaraa ||	He loads himself with sin, and expands his world through sin.	ਉਹ (ਪਾਪੀ) ਪਾਪ ਨਾਲ ਲੱਦਿਆ ਹੋਇਆ ਪਾਪ ਦਾ ਹੀ ਖਿਲਾਰਾ ਖਿਲਾਰਦਾ ਹੈ।
40053	935	ਪਰਹਰਿ ਪਾਪੁ ਪਛਾਣੈ ਆਪੁ॥		Parehar Paap Pashhaanai Aap ||	Sin is far away from one who understands himself.	ਜੇ ਮਨੁੱਖ ਪਾਪ ਛੱਡ ਕੇ ਆਪਣੇ ਅਸਲੇ ਨੂੰ ਪਛਾਣੇ,
40054	935	ਨਾ ਤਿਸੁ ਸੋਗੁ ਵਿਜੋਗੁ ਸੰਤਾਪੁ॥		Naa This Sog Vijog Santhaap ||	He is not afflicted by sorrow or separation.	ਤਾਂ ਉਸ ਨੂੰ ਚਿੰਤਾ, ਵਿਛੋੜਾ ਤੇ ਦੁੱਖ ਨਹੀਂ ਵਿਆਪਦੇ।
40055	935	ਨਰਕਿ ਪੜੰਤਉ ਕਿਉ ਰਹੈ ਕਿਉ ਬੰਚੈ ਜਮਕਾਲੁ॥		Narak Parrantho Kio Rehai Kio Banchai Jamakaal ||	How can one avoid falling into hell? How can he cheat the Messenger of Death?	ਨਰਕ ਵਿਚ ਪੈਣੋ ਕਿਵੇਂ ਬਚੇ? ਤੇ ਜਮਕਾਲ (ਭਾਵ, ਮੌਤ ਦੇ ਡਰ) ਨੂੰ ਇਹ ਕਿਵੇਂ ਟਾਲ ਸਕੇ?
40056	935	ਕਿਉ ਆਵਣ ਜਾਣਾ ਵੀਸਰੈ ਝੂਠੁ ਬੁਰਾ ਖੈ ਕਾਲੁ॥		Kio Aavan Jaanaa Veesarai Jhooth Buraa Khai Kaal ||	How can coming and going be forgotten? Falsehood is bad, and death is cruel.	(ਜਦ ਤਕ) ਝੂਠ ਪਾਪ-ਰੂਪ ਮੌਤ (ਜੀਵ ਦੇ ਆਤਮਕ ਜੀਵਨ ਨੂੰ) ਤਬਾਹ ਕਰ ਰਹੀ ਹੈ, ਤਦ ਤਕ ਇਸ ਦਾ ਜੰਮਣਾ ਮਰਣਾ ਕਿਵੇਂ ਮੁੱਕੇ?

40057	935	ਮਨੁ ਜੰਜਾਲੀ ਵੇੜਿਆ ਭੀ ਜੰਜਾਲਾ ਮਾਹਿ॥		Man Janjaalee Vaerriaa Bhee Janjaalaa Maahi ||	The mind is enveloped by entanglements, and into entanglements it falls.	(ਜਿਤਨਾ ਚਿਰ) ਮਨ (ਪਾਪਾਂ ਦੇ) ਜੰਜਾਲਾਂ ਨਾਲ ਘਿਰਿਆ ਹੋਇਆ ਹੈ, ਇਹ (ਇਹਨਾਂ ਪਾਪਾਂ ਦੇ) ਹੋਰ ਹੋਰ ਜੰਜਾਲਾਂ ਵਿਚ ਪੈਂਦਾ ਹੈ,
40058	935	ਵਿਣੁ ਨਾਵੈ ਕਿਉ ਛੂਟੀਐ ਪਾਪੇ ਪਚਹਿ ਪਚਾਹਿ॥੩੮॥		Vin Naavai Kio Shhootteeai Paapae Pachehi Pachaahi ||38||	Without the Name, how can anyone be saved? They rot away in sin. ||38||	ਗੋਪਾਲ ਦੇ ਨਾਮ ਤੋਂ ਬਿਨਾ (ਇਹਨਾਂ ਜੰਜਾਲਾਂ ਤੋਂ) ਬਚ ਨਹੀਂ ਸਕੀਦਾ, (ਸਗੋਂ ਜੀਵ) ਪਾਪਾਂ ਵਿਚ ਹੀ ਮੁੜ ਮੁੜ ਦੁਖੀ ਹੁੰਦੇ ਹਨ ॥੩੮॥
40059	935	ਫਿਰਿ ਫਿਰਿ ਫਾਹੀ ਫਾਸੈ ਕਉਆ॥		Fir Fir Faahee Faasai Kooaa ||	Again and again, the crow falls into the trap.	ਕਾਲੀਆਂ ਕਰਤੂਤਾਂ ਵਾਲਾ ਮਨੁੱਖ ਮੁੜ ਮੁੜ ਫਾਹੀ ਵਿਚ ਫਸਦਾ ਹੈ,
40060	935	ਫਿਰਿ ਪਛੁਤਾਨਾ ਅਬ ਕਿਆ ਹੂਆ॥		Fir Pashhuthaanaa Ab Kiaa Hooaa ||	Then he regrets it, but what can he do now?	(ਫਸ ਕੇ) ਫਿਰ ਪਛੁਤਾਂਦਾ ਹੈ ਕਿ ਇਹ ਕੀਹ ਹੋ ਗਿਆ;
40061	935	ਫਾਥਾ ਚੋਗ ਚੁਗੈ ਨਹੀ ਬੂਝੈ॥	ਬੂੱਝੈ	Faathhaa Chog Chugai Nehee Boojhai ||	Even though he is trapped, he pecks at the food; he does not understand.	ਫਸਿਆ ਹੋਇਆ ਭੀ (ਫਾਹੀ ਵਿਚ ਫਸਾਣ ਵਾਲਾ) ਚੋਗਾ ਹੀ ਚੁਗੀ ਜਾਂਦਾ ਹੈ ਤੇ ਹੋਸ਼ ਨਹੀਂ ਕਰਦਾ।
40062	935	ਸਤਗੁਰੁ ਮਿਲੈ ਤ ਆਖੀ ਸੂਝੈ॥		Sathagur Milai Th Aakhee Soojhai ||	If he meets the True Guru, then he sees with his eyes.	ਜੇ ਸਤਿਗੁਰੂ (ਇਸ ਨੂੰ) ਮਿਲ ਪਏ, ਤਾਂ ਅੱਖੀਂ (ਅਸਲ ਗੱਲ) ਦਿੱਸ ਪੈਂਦੀ ਹੈ।

40063	935	ਜਿਉ ਮਛੁਲੀ ਫਾਥੀ ਜਮ ਜਾਲਿ॥	ਫਾੱਥੀ	Jio Mashhulee Faathhee Jam Jaal ||	Like a fish, he is caught in the noose of death.	ਜਿਵੇਂ ਮੱਛੀ ਮੌਤ ਲਿਆਉਣ ਵਾਲੇ ਜਾਲ ਵਿਚ ਵਸ ਜਾਂਦੀ ਹੈ (ਤਿਵੇਂ ਜੀਵ ਆਤਮਕ ਮੌਤ ਲਿਆਉਣ ਵਾਲੇ ਪਾਪਾਂ ਵਿਚ ਫਸਦਾ ਹੈ)।
40064	935	ਵਿਣੁ ਗੁਰ ਦਾਤੇ ਮੁਕਤਿ ਨ ਭਾਲਿ॥		Vin Gur Dhaathae Mukath N Bhaal ||	Do not seek liberation from anyone else, except the Guru, the Great Giver.	(ਹੇ ਪਾਂਡੇ! ਗੋਪਾਲ ਦੇ ਨਾਮ ਦੀ) ਦਾਤ ਦੇਣ ਵਾਲੇ ਗੁਰੂ ਤੋਂ ਬਿਨਾ (ਇਸ ਫਾਹੀ ਵਿਚੋਂ) ਛੁਟਕਾਰਾ (ਭੀ) ਨਾਹ ਲੱਭ (ਭਾਵ, ਨਹੀਂ ਲੱਭਦਾ)।
40065	935	ਫਿਰਿ ਫਿਰਿ ਆਵੈ ਫਿਰਿ ਫਿਰਿ ਜਾਇ॥		Fir Fir Aavai Fir Fir Jaae ||	Over and over again, he comes; over and over again, he goes.	(ਇਸ ਫਾਹੀ ਵਿਚ ਫਸਿਆ ਜੀਵ) ਮੁੜ ਮੁੜ ਜੰਮਦਾ ਤੇ ਮਰਦਾ ਹੈ।
40066	935	ਇਕ ਰੰਗਿ ਰਚੈ ਰਹੈ ਲਿਵ ਲਾਇ॥		Eik Rang Rachai Rehai Liv Laae ||	Be absorbed in love for the One Lord, and remain lovingly focused on Him.	ਜੋ ਜੀਵ ਇਕ ਗੋਪਾਲ ਦੇ ਪਿਆਰ ਵਿਚ ਜੁੜਦਾ ਹੈ ਤੇ ਸੁਰਤ ਲਾਈ ਰੱਖਦਾ ਹੈ;
40067	935	ਇਵ ਛੂਟੈ ਫਿਰਿ ਫਾਸ ਨ ਪਾਇ॥੩੯॥		Eiv Shhoottai Fir Faas N Paae ||39||	In this way you shall be saved, and you shall not fall into the trap again. ||39||	ਉਹ ਇਸ ਤਰ੍ਹਾਂ ਵਿਕਾਰਾਂ ਦੀ ਫਾਹੀ ਵਿਚੋਂ ਨਿਕਲ ਜਾਂਦਾ ਹੈ, ਤੇ ਫਿਰ ਉਸ ਨੂੰ ਫਾਹੀ ਨਹੀਂ ਪੈਂਦੀ ॥੩੯॥
40068	935	ਬੀਰਾ ਬੀਰਾ ਕਰਿ ਰਹੀ ਬੀਰ ਭਏ ਬੈਰਾਇ॥		Beeraa Beeraa Kar Rehee Beer Bheae Bairaae ||	She calls out, ""Brother, O brother - stay, O brother!"" But he becomes a stranger.	(ਹੇ ਪਾਂਡੇ!) ਇਹ ਕਾਇਆਂ (ਜੀਵਾਤਮਾ ਨੂੰ) 'ਵੀਰ ਵੀਰ' ਆਖਦੀ ਰਹਿ ਜਾਂਦੀ ਹੈ (ਪਰ ਮੌਤ ਆਇਆਂ) ਵੀਰ ਹੋਰੀਂ ਬਿਗਾਨੇ ਹੋ ਜਾਂਦੇ ਹਨ,

40069	935	ਬੀਰ ਚਲੇ ਘਰਿ ਆਪਨੈ ਬਹਿਣ ਬਿਰਹਿ ਜਲਿ ਜਾਇ॥		Beer Chalae Ghar Aapanai Behin Birehi Jal Jaae ||	Her brother departs for his own home, and his sister burns with the pain of separation.	ਵੀਰ ਹੋਰੀਂ (ਪਰਲੋਕ ਵਿਚ ਆਪਣੇ ਘਰ ਵਿਚ ਚਲੇ ਜਾਂਦੇ ਹਨ ਤੇ ਭੈਣ (ਕਾਇਆਂ) ਵਿਛੋੜੇ ਵਿਚ (ਭਾਵ, ਮੌਤ ਆਉਣ ਤੇ) ਸੜ ਜਾਂਦੀ ਹੈ।
40070	935	ਬਾਬੁਲ ਕੈ ਘਰਿ ਬੇਟੜੀ ਬਾਲੀ ਬਾਲੈ ਨੇਹਿ॥	ਬੱਾਲੀ ਬੱਾਲੈ	Baabul Kai Ghar Baettarree Baalee Baalai Naehi ||	In this world, her father's home, the daughter, the innocent soul bride, loves her Young Husband Lord.	(ਫਿਰ ਭੀ ਇਹ) ਅੰਞਾਣ (ਕਾਇਆਂ) ਬੱਚੀ ਪਿਉ ਦੇ ਘਰ ਵਿਚ ਰਹਿੰਦੀ ਹੋਈ ਗੁੱਡੀਆਂ ਗੁੱਡਿਆਂ ਦੇ ਪਿਆਰ ਵਿਚ ਹੀ ਲੱਗੀ ਰਹਿੰਦੀ ਹੈ (ਭਾਵ, ਸਰੀਰ ਤੇ ਜਿੰਦ ਦਾ ਮੇਲ ਚਾਰ ਦਿਨ ਦਾ ਜਾਣਦਿਆਂ ਭੀ ਜੀਵ ਦੁਨੀਆ ਦੇ ਪਦਾਰਥਾਂ ਵਿਚ ਹੀ ਮਸਤ ਰਹਿੰਦਾ ਹੈ)।
40071	935	ਜੇ ਲੋੜਹਿ ਵਰੁ ਕਾਮਣੀ ਸਤਿਗੁਰੁ ਸੇਵਹਿ ਤੇਹਿ॥		Jae Lorrehi Var Kaamanee Sathigur Saevehi Thaehi ||	If you long for your Husband Lord, O soul bride, then serve the True Guru with love.	(ਜਿੰਦ ਨੂੰ ਇਹ ਸਿੱਖਿਆ ਦੇਣੀ ਚਾਹੀਦੀ ਹੈ ਕਿ) ਹੇ (ਜੀਵ-) ਇਸਤ੍ਰੀ! ਜੇ ਪਤੀ (-ਪ੍ਰਭੂ) ਨੂੰ ਮਿਲਣਾ ਚਾਹੁੰਦੀ ਹੈਂ ਤਾਂ ਪਿਆਰ ਨਾਲ ਸਤਿਗੁਰੂ ਦੇ ਦੱਸੇ ਰਾਹ ਤੇ ਤੁਰ।
40072	935	ਬਿਰਲੋ ਗਿਆਨੀ ਬੂਝਣਉ ਸਤਿਗੁਰੁ ਸਾਚਿ ਮਿਲੇਇ॥		Biralo Giaanee Boojhano Sathigur Saach Milaee ||	How rare are the spiritually wise, who meet the True Guru, and truly understand.	ਜਿਸ ਜੀਵ ਨੂੰ ਗੋਪਾਲ ਦੀ ਕਿਰਪਾ ਨਾਲ ਸਤਿਗੁਰੂ ਮਿਲਦਾ ਹੈ ਉਹ (ਇਸ ਗੱਲ ਨੂੰ) ਸਮਝਦਾ ਹੈ। ਪਰ ਕੋਈ ਵਿਰਲਾ ਮਨੁੱਖ ਹੀ ਇਹ ਸੂਝ ਹਾਸਲ ਕਰਦਾ ਹੈ।

40073	935	ਠਾਕੁਰ ਹਾਥਿ ਵਡਾਈਆ ਜੈ ਭਾਵੈ ਤੈ ਦੇਇ॥		Thaakur Haathh Vaddaaeeaa Jai Bhaavai Thai Dhaee ||	All glorious greatness rests in the Lord and Master's Hands. He grants them, when He is pleased.	ਗੋਪਾਲ-ਪ੍ਰਭੂ ਦੇ ਗੁਣ ਗਾਉਣੇ ਗੋਪਾਲ ਦੇ ਆਪਣੇ ਹੱਥ ਵਿਚ ਹਨ, (ਇਹ ਦਾਤ ਉਹ) ਉਸ ਨੂੰ ਦੇਂਦਾ ਹੈ ਜੋ ਉਸ ਨੂੰ ਭਾਉਂਦਾ ਹੈ।
40074	935	ਬਾਣੀ ਬਿਰਲਉ ਬੀਚਾਰਸੀ ਜੇ ਕੋ ਗੁਰਮੁਖਿ ਹੋਇ॥		Baanee Biralo Beechaarasee Jae Ko Guramukh Hoe ||	How rare are those who contemplate the Word of the Guru's Bani; they become Gurmukh.	ਕੋਈ ਵਿਰਲਾ ਗੁਰਮੁਖ ਸਤਿਗੁਰੂ ਦੀ ਬਾਣੀ ਨੂੰ ਵਿਚਾਰਦਾ ਹੈ;
40075	935	ਇਹ ਬਾਣੀ ਮਹਾਪੁਰਖ ਕੀ ਨਿਜ ਘਰਿ ਵਾਸਾ ਹੋਇ॥੪੦॥		Eih Baanee Mehaa Purakh Kee Nij Ghar Vaasaa Hoe ||40||	This is the Bani of the Supreme Being; through it, one dwells within the home of his inner being. ||40||	ਉਹ ਬਾਣੀ ਸਤਿਗੁਰੂ ਦੀ (ਐਸੀ) ਹੈ ਕਿ (ਇਸ ਦੀ ਵਿਚਾਰ ਨਾਲ) ਮਨੁੱਖ ਸ੍ਵੈ-ਸਰੂਪ ਵਿਚ ਟਿਕ ਜਾਂਦਾ ਹੈ ॥੪੦॥
40076	935	ਭਨਿ ਭਨਿ ਘੜੀਐ ਘੜਿ ਘੜਿ ਭਜੈ ਢਾਹਿ ਉਸਾਰੈ ਉਸਰੇ ਢਾਹੈ॥		Bhan Bhan Gharreeai Gharr Gharr Bhajai Dtaahi Ousaarai Ousarae Dtaahai ||	Shattering and breaking apart, He creates and re-creates; creating, He shatters again. He builds up what He has demolished, and demolishes what He has built.	(ਇਹ ਜਗਤ ਦੀ ਬਣਤਰ) ਮੁੜ ਮੁੜ ਭੱਜਦੀ ਹੈ ਤੇ ਘੜੀਦੀ ਹੈ, ਮੁੜ ਮੁੜ ਘੜੀਦੀ ਹੈ ਤੇ ਭੱਜਦੀ ਹੈ।

40077	935	ਸਰ ਭਰਿ ਸੋਖੈ ਭੀ ਭਰਿ ਪੋਖੈ ਸਮਰਥ ਵੇਪਰਵਾਹੈ॥	ਔਗੁਣਾਂ ਦੇ ਭਰਿਭਰੇ, ਸਰਸਮੁੰਦ੍ਰਾਂ ਦੇ ਔਗੁਣਾਂ ਨੂੰ ਸੋਖੈਸੁਕਾ ਦਿੰਦੇ ਹਨ, ਫੇਰ ਸ਼ੁਭ ਗੁਣਾਂ ਨਾਲ ਭਰਿਭਰ ਕੇ (ਪੋਖੈ) ਪਾਲਦੇ ਹਨ।ਸਮਰੱਥ	Sar Bhar Sokhai Bhee Bhar Pokhai Samarathh Vaeparavaahai ||	He dries up the pools which are full, and fills the dried tanks again. He is all-powerful and independent.	(ਉਹ ਗੋਪਾਲ ਇਸ ਸੰਸਾਰ-) ਸਰੋਵਰ ਨੂੰ ਭਰ ਕੇ ਸੁਕਾ ਦੇਂਦਾ ਹੈ, ਫਿਰ ਹੋਰ ਨਕਾ-ਨਕ ਭਰਦਾ ਹੈ। ਉਹ ਗੋਪਾਲ ਪ੍ਰਭੂ ਸਭ ਕੁਝ ਕਰਨ-ਜੋਗਾ ਹੈ, ਵੇਪਰਵਾਹ ਹੈ।
40078	935	ਭਰਮਿ ਭੁਲਾਨੇ ਭਏ ਦਿਵਾਨੇ ਵਿਣੁ ਭਾਗਾ ਕਿਆ ਪਾਈਐ॥		Bharam Bhulaanae Bheae Dhivaanae Vin Bhaagaa Kiaa Paaeeai ||	Deluded by doubt, they have gone insane; without destiny, what do they obtain?	(ਹੇ ਪਾਂਡੇ! ਉਸ ਗੋਪਾਲ-ਪ੍ਰਭੂ ਨੂੰ ਭੁਲਾ ਕੇ) ਜੋ ਜੀਵ ਭਟਕਣਾ ਵਿਚ ਪੈ ਕੇ ਕੁਰਾਹੇ ਪਏ ਹੋਏ ਹਨ ਉਹ (ਮਾਇਆ ਪਿਛੇ ਹੀ) ਕਮਲੇ ਹੋਏ ਪਏ ਹਨ, (ਉਹਨਾਂ ਨੂੰ) ਭਾਗਾਂ ਤੋਂ ਬਿਨਾ (ਉਸ ਵੇਪਰਵਾਹ ਦੀ ਸਿਫ਼ਤ-ਸਾਲਾਹ ਵਜੋਂ) ਕੁਝ ਨਹੀਂ ਮਿਲਦਾ।
40079	935	ਗੁਰਮੁਖਿ ਗਿਆਨੁ ਡੋਰੀ ਪ੍ਰਭਿ ਪਕੜੀ ਜਿਨ ਖਿੰਚੈ ਤਿਨ ਜਾਈਐ॥		Guramukh Giaan Ddoree Prabh Pakarree Jin Khinchai Thin Jaaeeai ||	The Gurmukhs know that God holds the string; wherever He pulls it, they must go.	ਸਤਿਗੁਰੂ ਦੀ ਗਿਆਨ-ਰੂਪ ਡੋਰੀ ਪ੍ਰਭੂ ਨੇ (ਆਪਣੇ) ਹੱਥ ਵਿਚ ਫੜੀ ਹੋਈ; ਜਿਨ੍ਹਾਂ ਨੂੰ (ਇਸ ਡੋਰੀ ਨਾਲ ਆਪਣੇ ਵਲ) ਖਿੱਚਦਾ ਹੈ ਉਹ (ਉਸ ਵਲ) ਤੁਰ ਪੈਂਦੇ ਹਨ (ਭਾਵ, ਜਿਨ੍ਹਾਂ ਉਤੇ ਗੋਪਾਲ-ਪ੍ਰਭੂ ਮਿਹਰ ਕਰਦਾ ਹੈ ਉਹ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਉਸ ਦੇ ਚਰਨਾਂ ਵਿਚ ਜੁੜਦੇ ਹਨ)।

40080	935	ਹਰਿ ਗੁਣ ਗਾਇ ਸਦਾ ਰੰਗਿ ਰਾਤੇ ਬਹੁੜਿ ਨ ਪਛੋਤਾਈਐ॥		Har Gun Gaae Sadhaa Rang Raathae Bahurr N Pashhothaaeeai ||	Those who sing the Glorious Praises of the Lord, are forever imbued with His Love; they never again feel regret.	ਉਹ ਪ੍ਰਭੂ ਦੇ ਗੁਣ ਗਾ ਕੇ ਉਸ ਦੇ ਪਿਆਰ ਵਿਚ ਮਸਤ ਰਹਿੰਦੇ ਹਨ, ਮੁੜ ਉਹਨਾਂ ਨੂੰ ਪਛੁਤਾਣਾ ਨਹੀਂ ਪੈਂਦਾ।
40081	935	ਭਭੈ ਭਾਲਹਿ ਗੁਰਮੁਖਿ ਬੂਝਹਿ ਤਾ ਨਿਜ ਘਰਿ ਵਾਸਾ ਪਾਈਐ॥		Bhabhai Bhaalehi Guramukh Boojhehi Thaa Nij Ghar Vaasaa Paaeeai ||	Bhabha: If someone seeks, and then becomes Gurmukh, then he comes to dwell in the home of his own heart.	ਉਹ (ਪ੍ਰਭੂ ਦੀ ਹੀ) ਭਾਲ ਕਰਦੇ ਹਨ। (ਜਦੋਂ) ਸਤਿਗੁਰੂ ਦੀ ਰਾਹੀਂ (ਰਸਤਾ) ਸਮਝ ਲੈਂਦੇ ਹਨ ਤਾਂ ਆਪਣੇ (ਅਸਲ) ਘਰ ਵਿਚ ਟਿਕ ਜਾਂਦੇ ਹਨ (ਭਟਕਣੋਂ ਹਟ ਜਾਂਦੇ ਹਨ)।
40082	935	ਭਭੈ ਭਉਜਲੁ ਮਾਰਗੁ ਵਿਖੜਾ ਆਸ ਨਿਰਾਸਾ ਤਰੀਐ॥		Bhabhai Bhoujal Maarag Vikharraa Aas Niraasaa Thareeai ||	Bhabha: The way of the terrifying world-ocean is treacherous. Remain free of hope, in the midst of hope, and you shall cross over.	ਇਹ ਸੰਸਾਰ-ਸਮੁੰਦਰ (ਜੀਵਾਂ ਵਾਸਤੇ) ਔਖਾ ਰਸਤਾ ਹੈ, ਇਸ ਵਿਚੋਂ ਤਦੋਂ ਹੀ ਤਰ ਸਕੀਦਾ ਹੈ ਜੇ (ਦੁਨੀਆ ਵਾਲੀਆਂ) ਆਸਾਂ ਬਨਾਣੀਆਂ ਛੱਡ ਦੇਈਏ,
40083	935	ਗੁਰ ਪਰਸਾਦੀ ਆਪੋ ਚੀਨ੍ਹੈ ਜੀਵਤਿਆ ਇਵ ਮਰੀਐ॥੪੧॥		Gur Parasaadhee Aapo Cheenhai Jeevathiaa Eiv Mareeai ||41||	By Guru's Grace, one comes to understand himself; in this way, he remains dead while yet alive. ||41||	ਸਤਿਗੁਰੂ ਦੀ ਮੇਹਰ ਨਾਲ ਆਪਣੇ ਆਪ ਨੂੰ (ਆਪਣੇ ਅਸਲੇ ਨੂੰ) ਪਛਾਣੀਏ; ਇਸ ਤਰ੍ਹਾਂ ਜਿਉਂਦਿਆਂ ਮਰ ਜਾਈਦਾ ਹੈ (ਭਾਵ, ਇਸੇ ਜੀਵਨ ਵਿਚ ਹੀ ਮਨ ਵਿਕਾਰਾਂ ਵਲੋਂ ਹਟ ਜਾਂਦਾ ਹੈ) ॥੪੧॥

40084	935	ਮਾਇਆ ਮਾਇਆ ਕਰਿ ਮੁਏ ਮਾਇਆ ਕਿਸੈ ਨ ਸਾਥਿ॥		Maaeiaa Maaeiaa Kar Mueae Maaeiaa Kisai N Saathh ||	Crying out for the wealth and riches of Maya, they die; but Maya does not go along with them.	(ਬੇਅੰਤ ਜੀਵ) ਮਾਇਆ ਲਈ ਤਰਲੇ ਲੈਂਦੇ ਮਰ ਗਏ, ਪਰ ਮਾਇਆ ਕਿਸੇ ਦੇ ਨਾਲ ਨਾਹ ਨਿਭੀ,
40085	935	ਹੰਸੁ ਚਲੈ ਉਠਿ ਡੁਮਣੋ ਮਾਇਆ ਭੂਲੀ ਆਥਿ॥		Hans Chalai Outh Ddumano Maaeiaa Bhoolee Aathh ||	The soul-swan arises and departs, sad and depressed, leaving its wealth behind.	ਜਦੋਂ (ਜੀਵ-) ਹੰਸ ਦੁਚਿੱਤਾ ਹੋ ਕੇ (ਮੌਤ ਆਇਆਂ) ਉਠ ਤੁਰਦਾ ਹੈ ਤਾਂ ਮਾਇਆ ਦਾ ਸਾਥ ਛੁੱਟ ਜਾਂਦਾ ਹੈ।
40086	935	ਮਨੁ ਝੂਠਾ ਜਮਿ ਜੋਹਿਆ ਅਵਗੁਣ ਚਲਹਿ ਨਾਲਿ॥		Man Jhoothaa Jam Johiaa Avagun Chalehi Naal ||	The false mind is hunted by the Messenger of Death; it carries its faults along when it goes.	ਜੋ ਮਨ ਮਾਇਆ ਵਿਚ ਫਸਿਆ ਹੁੰਦਾ ਹੈ ਉਸ ਨੂੰ ਜਮ ਵਲੋਂ ਤਾੜਨਾ ਹੁੰਦੀ ਹੈ (ਭਾਵ, ਉਹ ਮੌਤ ਦਾ ਨਾਮ ਸੁਣ ਸੁਣ ਕੇ ਡਰਦਾ ਹੈ), (ਮਾਇਆ ਤਾਂ ਇਥੇ ਰਹਿ ਗਈ, ਤੇ ਮਾਇਆ ਦੀ ਖ਼ਾਤਰ ਕੀਤੇ ਹੋਏ) ਅਉਗਣ ਨਾਲ ਤੁਰ ਪੈਂਦੇ ਹਨ।
40087	935	ਮਨ ਮਹਿ ਮਨੁ ਉਲਟੋ ਮਰੈ ਜੇ ਗੁਣ ਹੋਵਹਿ ਨਾਲਿ॥		Man Mehi Man Oulatto Marai Jae Gun Hovehi Naal ||	The mind turns inward, and merges with mind, when it is with virtue.	ਪਰ ਜੇ ਮਨੁੱਖ ਦੇ ਪੱਲੇ ਗੁਣ ਹੋਣ ਤਾਂ ਮਨ ਮਾਇਆ ਵਲੋਂ ਪਰਤ ਕੇ ਆਪਣੇ ਅੰਦਰ ਹੀ ਆਪਾ-ਭਾਵ ਤੋਂ ਮਰ ਜਾਂਦਾ ਹੈ (ਭਾਵ, ਇਸ ਵਿਚ ਮੋਹ ਆਦਿਕ ਵਿਕਾਰ ਨਹੀਂ ਰਹਿ ਜਾਂਦੇ)।

40088	936	ਮੇਰੀ ਮੇਰੀ ਕਰਿ ਮੁਏ ਵਿਣੁ ਨਾਵੈ ਦੁਖੁ ਭਾਲਿ॥		Maeree Maeree Kar Mueae Vin Naavai Dhukh Bhaal ||	Crying out, ""Mine, mine!"", they have died, but without the Name, they find only pain.	ਪਰਮਾਤਮਾ ਦਾ 'ਨਾਮ' ਭੁਲਾ ਕੇ (ਨਿਰੀ) ਮਾਇਆ ਨੂੰ ਹੀ ਆਪਣੀ ਸਮਝ ਕੇ (ਇਸ ਤਰ੍ਹਾਂ ਸਰੋਂ) ਦੁੱਖ ਵਿਹਾਝ ਕੇ ਹੀ (ਬੇਅੰਤ ਜੀਵ) ਚਲੇ ਗਏ;
40089	936	ਗੜ ਮੰਦਰ ਮਹਲਾ ਕਹਾ ਜਿਉ ਬਾਜੀ ਦੀ ਬਾਣੁ॥	ਬਾਜੀਗਰ ਦੀ ਬਾਜੀ ਦੀ ਬਾਣੁਬਣਾਵਟ। ਗੜ੍ਹ, ਮਹਲਾਂ, ਕਹਾਂ (ਦੂਜਾ ਪਾਠ: ਦੀਬਾਣੁ)	Garr Mandhar Mehalaa Kehaa Jio Baajee Dheebaan ||	So where are their forts, mansions, palaces and courts? They are like a short story.	ਕਿਲੇ, ਪੱਕੇ ਘਰ, ਮਹਲ ਮਾੜੀਆਂ ਤੇ ਹਕੂਮਤ (ਸਭ) ਸਾਥ ਛੱਡ ਗਏ, ਇਹ ਤਾਂ (ਮਦਾਰੀ ਦੀ) ਖੇਡ ਹੀ ਸਨ।
40090	936	ਨਾਨਕ ਸਚੇ ਨਾਮ ਵਿਣੁ ਝੂਠਾ ਆਵਣ ਜਾਣੁ॥		Naanak Sachae Naam Vin Jhoothaa Aavan Jaan ||	O Nanak, without the True Name, the false just come and go.	ਹੇ ਨਾਨਕ! ਪ੍ਰਭੂ ਦੇ ਨਾਮ ਤੋਂ ਬਿਨਾ ਸਾਰਾ ਜੀਵਨ ਵਿਅਰਥ ਜਾਂਦਾ ਹੈ;
40091	936	ਆਪੇ ਚਤੁਰੁ ਸਰੂਪੁ ਹੈ ਆਪੇ ਜਾਣੁ ਸੁਜਾਣੁ॥੪੨॥		Aapae Chathur Saroop Hai Aapae Jaan Sujaan ||42||	He Himself is clever and so very beautiful; He Himself is wise and all-knowing. ||42||	(ਪਰ ਜੀਵ ਵਿਚਾਰੇ ਦੇ ਕੀਹ ਵਸਿ? ਇਹ ਬੇ-ਸਮਝ ਹੈ) ਪ੍ਰਭੂ ਆਪ ਹੀ ਸਿਆਣਾ ਹੈ, ਆਪ ਹੀ ਸਭ ਕੁਝ ਜਾਣਦਾ ਹੈ (ਉਹੀ ਸਮਝਾਵੇ ਤਾਂ ਜੀਵ ਸਮਝੇ) ॥੪੨॥
40092	936	ਜੋ ਆਵਹਿ ਸੇ ਜਾਹਿ ਫੁਨਿ ਆਇ ਗਏ ਪਛੁਤਾਹਿ॥		Jo Aavehi Sae Jaahi Fun Aae Geae Pashhuthaahi ||	Those who come, must go in the end; they come and go, regretting and repenting.	ਜੋ ਜੀਵ (ਮਾਇਆ ਦੀ ਮਮਤਾ ਦੇ ਬੱਧੇ ਹੋਏ ਜਗਤ ਵਿਚ) ਆਉਂਦੇ ਹਨ ਉਹ (ਇਸ ਮਮਤਾ ਵਿਚ ਫਸੇ ਹੋਏ ਇਥੋਂ) ਜਾਂਦੇ ਹਨ, ਮੁੜ ਜੰਮਦੇ ਮਰਦੇ ਹਨ ਤੇ ਦੁਖੀ ਹੁੰਦੇ ਹਨ;

40093	936	ਲਖ ਚਉਰਾਸੀਹ ਮੇਦਨੀ ਘਟੈ ਨ ਵਧੈ ਉਤਾਹਿ॥		Lakh Chouraaseeh Maedhanee Ghattai N Vadhhai Outhaahi ||	They will pass through 8.4 millions species; this number does not decrease or rise.	(ਉਹਨਾਂ ਵਾਸਤੇ) ਇਹ ਚੌਰਾਸੀ ਲੱਖ ਜੂਨਾਂ ਵਾਲੀ ਸ੍ਰਿਸ਼ਟੀ ਰਤਾ ਭੀ ਘਟਦੀ ਵਧਦੀ ਨਹੀਂ (ਭਾਵ, ਉਹਨਾਂ ਨੂੰ ਮਮਤਾ ਦੇ ਕਾਰਨ ਚੌਰਾਸੀ ਲੱਖ ਜੂਨਾਂ ਵਿਚੋਂ ਲੰਘਣਾ ਪੈਂਦਾ ਹੈ)।
40094	936	ਸੇ ਜਨ ਉਬਰੇ ਜਿਨ ਹਰਿ ਭਾਇਆ॥		Sae Jan Oubarae Jin Har Bhaaeiaa ||	They alone are saved, who love the Lord.	(ਉਹਨਾਂ ਵਿਚੋਂ) ਬਚਦੇ ਸਿਰਫ਼ ਉਹ ਹਨ ਜਿਨ੍ਹਾਂ ਨੂੰ ਪ੍ਰਭੂ ਪਿਆਰਾ ਲੱਗਦਾ ਹੈ,
40095	936	ਧੰਧਾ ਮੁਆ ਵਿਗੂਤੀ ਮਾਇਆ॥		Dhhandhhaa Muaa Vigoothee Maaeiaa ||	Their worldly entanglements are ended, and Maya is conquered.	(ਕਿਉਂਕਿ ਉਹਨਾਂ ਦੀ ਮਾਇਆ ਪਿੱਛੇ) ਭਟਕਣਾ ਮੁੱਕ ਜਾਂਦੀ ਹੈ, ਮਾਇਆ (ਉਹਨਾਂ ਵਲ ਆਇਆਂ) ਖ਼ੁਆਰ ਹੁੰਦੀ ਹੈ (ਉਹਨਾਂ ਨੂੰ ਮੋਹ ਨਹੀਂ ਸਕਦੀ)।
40096	936	ਜੋ ਦੀਸੈ ਸੋ ਚਾਲਸੀ ਕਿਸ ਕਉ ਮੀਤੁ ਕਰੇਉ॥		Jo Dheesai So Chaalasee Kis Ko Meeth Karaeo ||	Whoever is seen, shall depart; who should I make my friend?	(ਜਗਤ ਵਿਚ ਤਾਂ) ਜੋ ਭੀ ਦਿੱਸਦਾ ਹੈ ਨਾਸਵੰਤ ਹੈ, ਮੈਂ ਕਿਸ ਨੂੰ ਮਿੱਤਰ ਬਣਾਵਾਂ?
40097	936	ਜੀਉ ਸਮਪਉ ਆਪਣਾ ਤਨੁ ਮਨੁ ਆਗੈ ਦੇਉ॥	(ਸ-ਮੱਪਉ) ਅਰਪਣਾ ਕਰੋ	Jeeo Samapo Aapanaa Than Man Aagai Dhaeo ||	I dedicate my soul, and place my body and mind in offering before Him.	(ਸਾਥ ਨਿਬਾਹੁਣ ਵਾਲਾ ਮਿੱਤਰ ਤਾਂ ਸਿਰਫ਼ ਪਰਮਾਤਮਾ ਹੀ ਹੈ, ਉਸ ਦੇ ਅੱਗੇ ਹੀ) ਮੈਂ ਆਪਣੀ ਜਿੰਦ ਅਰਪਣ ਕਰਾਂ ਤੇ ਤਨ ਮਨ ਭੇਟ ਰੱਖਾਂ।

40098	936	ਅਸਥਿਰੁ ਕਰਤਾ ਤੂ ਧਣੀ ਤਿਸ ਹੀ ਕੀ ਮੈ ਓਟ॥		Asathhir Karathaa Thoo Dhhanee This Hee Kee Mai Outt ||	You are eternally stable, O Creator, Lord and Master; I lean on Your Support.	ਹੇ ਕਰਤਾਰ! ਤੂੰ ਹੀ ਸਦਾ ਕਾਇਮ ਰਹਿਣ ਵਾਲਾ ਮਾਲਕ ਹੈਂ। (ਹੇ ਪਾਂਡੇ!) ਮੈਨੂੰ ਕਰਤਾਰ ਦਾ ਹੀ ਆਸਰਾ ਹੈ।
40099	936	ਗੁਣ ਕੀ ਮਾਰੀ ਹਉ ਮੁਈ ਸਬਦਿ ਰਤੀ ਮਨਿ ਚੋਟ॥੪੩॥		Gun Kee Maaree Ho Muee Sabadh Rathee Man Chott ||43||	Conquered by virtue, egotism is killed; imbued with the Word of the Shabad, the mind rejects the world. ||43||	ਪ੍ਰਭੂ ਦੇ ਗੁਣ ਗਾਂਵਿਆਂ ਹੀ ਹਉਮੈ ਮਰਦੀ ਹੈ। (ਕਿਉਂਕਿ) ਸਤਿਗੁਰੂ ਦੇ ਸ਼ਬਦ ਵਿਚ ਰੰਗੀਜ ਕੇ ਹੀ ਮਨ ਵਿਚ ਠੇਕਰ (ਲੱਗਦੀ ਹੈ) ॥੪੩॥
40100	936	ਰਾਣਾ ਰਾਉ ਨ ਕੋ ਰਹੈ ਰੰਗੁ ਨ ਤੁੰਗੁ ਫਕੀਰੁ॥		Raanaa Raao N Ko Rehai Rang N Thung Fakeer ||	Neither the kings nor the nobles will remain; neither the rich nor the poor will remain.	(ਜਗਤ ਵਿਚ) ਨਾਹ ਕੋਈ ਰਾਣਾ ਨਾਹ ਕੋਈ ਕੰਗਾਲ ਸਦਾ ਜਿਉਂਦਾ ਰਹਿ ਸਕਦਾ ਹੈ; ਨਾਹ ਕੋਈ ਅਮੀਰ ਤੇ ਨਾਹ ਕੋਈ ਫਕੀਰ;
40101	936	ਵਾਰੀ ਆਪੋ ਆਪਣੀ ਕੋਇ ਨ ਬੰਧੈ ਧੀਰ॥		Vaaree Aapo Aapanee Koe N Bandhhai Dhheer ||	When one's turn comes, no one can stay here.	ਹਰੇਕ ਆਪੋ ਆਪਣੀ ਵਾਰੀ (ਇਥੋਂ ਤੁਰ ਪੈਂਦਾ ਹੈ) ਕੋਈ ਕਿਸੇ ਨੂੰ ਇਹ ਤਸੱਲੀ ਦੇਣ ਜੋਗਾ ਨਹੀਂ (ਕਿ ਤੂੰ ਸਦਾ ਇਥੇ ਟਿਕਿਆ ਰਹੇਂਗਾ)।
40102	936	ਰਾਹੁ ਬੁਰਾ ਭੀਹਾਵਲਾ ਸਰ ਡੂਗਰ ਅਸਗਾਹ॥	(ਭਹਿਾਵਲਾ) ਭੈਦਾਇਕ (ਸਰ) ਸਮੁੰਦ੍ਰ ਸੰਸਾਰ, ਜੀਆਂ ਨੂੰ ਮਾਰਨ, ਕੋਹਣ, ਹੰਕਾਰ, ਵਿਕਾਰ, ਸੁਆਦ, ਔਗੁਣ ਰੂਪੀ (ਡੂਗਰ) ਪਹਾੜ (ਅਸਗਾਹ) ਡੂੰਘਾ	Raahu Buraa Bheehaavalaa Sar Ddoogar Asagaah ||	The path is difficult and treacherous; the pools and mountains are impassable.	(ਜਗਤ ਦਾ) ਪੈਂਡਾ ਬੜਾ ਔਖਾ ਤੇ ਡਰਾਉਣਾ ਹੈ, (ਇਹ ਇਕ) ਬੇਅੰਤ ਡੂੰਘੇ ਸਮੁੰਦਰ (ਦਾ ਸਫ਼ਰ ਹੈ) ਪਹਾੜੀ ਰਸਤਾ ਹੈ।

40103	936	ਮੈ ਤਨਿ ਅਵਗਣ ਝੁਰਿ ਮੁਈ ਵਿਣੁ ਗੁਣ ਕਿਉ ਘਰਿ ਜਾਹ॥		Mai Than Avagan Jhur Muee Vin Gun Kio Ghar Jaah ||	My body is filled with faults; I am dying of grief. Without virtue, how can I enter my home?	ਮੇਰੇ ਅੰਦਰ ਤਾਂ ਕਈ ਔਗੁਣ ਹਨ ਜਿਨ੍ਹਾਂ ਕਰਕੇ ਦੁਖੀ ਹੋ ਰਹੀ ਹਾਂ, (ਮੇਰੇ ਪੱਲੇ ਗੁਣ ਨਹੀਂ ਹਨ) ਗੁਣਾਂ ਤੋਂ ਬਿਨਾਂ ਕਿਵੇਂ ਮੰਜ਼ਲ ਤੇ ਅੱਪੜਾਂ? (ਭਾਵ, ਪ੍ਰਭੂ-ਚਰਨਾਂ ਵਿਚ ਜੁੜ ਨਹੀਂ ਸਕਦੀ)।
40104	936	ਗੁਣੀਆ ਗੁਣ ਲੇ ਪ੍ਰਭ ਮਿਲੇ ਕਿਉ ਤਿਨ ਮਿਲਉ ਪਿਆਰਿ॥		Guneeaa Gun Lae Prabh Milae Kio Thin Milo Piaar ||	The virtuous take virtue, and meet God; how can I meet them with love?	ਗੁਣਾਂ ਵਾਲੇ ਗੁਣ ਪੱਲੇ ਬੰਨ੍ਹ ਕੇ ਪ੍ਰਭੂ ਨੂੰ ਮਿਲ ਪਏ ਹਨ (ਮੇਰਾ ਭੀ ਚਿੱਤ ਕਰਦਾ ਹੈ ਕਿ) ਉਹਨਾਂ ਪਿਆਰਿਆਂ ਨੂੰ ਮਿਲਾਂ।
40105	936	ਤਿਨ ਹੀ ਜੈਸੀ ਥੀ ਰਹਾਂ ਜਪਿ ਜਪਿ ਰਿਦੈ ਮੁਰਾਰਿ॥		Thin Hee Jaisee Thhee Rehaan Jap Jap Ridhai Muraar ||	If ony I could be like them, chanting and meditating within my heart on the Lord.	(ਪਰ) ਕਿਵੇਂ (ਮਿਲਾਂ)? ਜੇ ਪ੍ਰਭੂ ਨੂੰ ਹਿਰਦੇ ਵਿਚ ਸਦਾ ਜਪਾਂ ਤਦੋਂ ਉਹਨਾਂ ਗੁਣੀ ਗੁਰਮੁਖਾਂ ਵਰਗੀ ਹੋ ਸਕਦੀ ਹਾਂ।
40106	936	ਅਵਗੁਣੀ ਭਰਪੂਰ ਹੈ ਗੁਣ ਭੀ ਵਸਹਿ ਨਾਲਿ॥		Avagunee Bharapoor Hai Gun Bhee Vasehi Naal ||	He is overflowing with faults and demerits, but virtue dwells within him as well.	(ਮਾਇਆ-ਵੇੜ੍ਹਿਆ ਜੀਵ) ਅਉਗਣਾਂ ਨਾਲ ਨਕਾ-ਨਕ ਭਰਿਆ ਰਹਿੰਦਾ ਹੈ (ਉਂਞ) ਗੁਣ ਭੀ ਉਸ ਦੇ ਅੰਦਰ ਹੀ ਵੱਸਦੇ ਹਨ (ਕਿਉਂਕਿ ਗੁਣੀ ਪ੍ਰਭੂ ਅੰਦਰ ਵੱਸ ਰਿਹਾ ਹੈ),

40107	936	ਵਿਣੁ ਸਤਗੁਰ ਗੁਣ ਨ ਜਾਪਨੀ ਜਿਚਰੁ ਸਬਦਿ ਨ ਕਰੇ ਬੀਚਾਰੁ॥੪੪॥		Vin Sathagur Gun N Jaapanee Jichar Sabadh N Karae Beechaar ||44||	Without the True Guru, he does not see God's Virtues; he does not chant the Glorious Virtues of God. ||44||	ਪਰ ਸਤਿਗੁਰੂ ਤੋਂ ਬਿਨਾ ਗੁਣਾਂ ਦੀ ਸੂਝ ਨਹੀਂ ਪੈਂਦੀ। (ਤਦ ਤਕ ਨਹੀਂ ਪੈਂਦੀ) ਜਦ ਤਕ ਗੁਰੂ ਦੇ ਸ਼ਬਦ ਵਿਚ ਵੀਚਾਰ ਨਾਹ ਕੀਤੀ ਜਾਏ ॥੪੪॥
40108	936	ਲਸਕਰੀਆ ਘਰ ਸੰਮਲੇ ਆਏ ਵਜਹੁ ਲਿਖਾਇ॥	ਵਜਹੁ: ਪੋਲਾ ਬੋਲ	Lasakareeaa Ghar Sanmalae Aaeae Vajahu Likhaae ||	God's soldiers take care of their homes; their pay is pre-ordained, before they come into the world.	(ਇਸ ਜਗਤ ਰਣ-ਭੂਮੀ ਵਿਚ, ਜੀਵ) ਸਿਪਾਹੀਆਂ ਨੇ (ਸਰੀਰ-ਰੂਪ) ਡੇਰੇ ਮੱਲੇ ਹੋਏ ਹਨ, (ਪ੍ਰਭੂ-ਖਸਮ ਪਾਸੋਂ) ਰਿਜ਼ਕ ਲਿਖਾ ਕੇ (ਇਥੇ) ਆਏ ਹਨ।
40109	936	ਕਾਰ ਕਮਾਵਹਿ ਸਿਰਿ ਧਣੀ ਲਾਹਾ ਪਲੈ ਪਾਇ॥		Kaar Kamaavehi Sir Dhhanee Laahaa Palai Paae ||	They serve their Supreme Lord and Master, and obtain the profit.	ਜੋ ਸਿਪਾਹੀ ਹਰਿ-ਨਾਮ ਦੀ ਖੱਟੀ ਖੱਟ ਕੇ ਮਾਲਕ ਦੀ (ਰਜ਼ਾ-ਰੂਪ) ਕਾਰ ਸਿਰ ਤੇ ਕਮਾਂਦੇ ਹਨ,
40110	936	ਲਬੁ ਲੋਭੁ ਬੁਰਿਆਈਆ ਛੋਡੇ ਮਨਹੁ ਵਿਸਾਰਿ॥		Lab Lobh Buriaaeeaa Shhoddae Manahu Visaar ||	They renounce greed, avarice and evil, and forget them from their minds.	ਉਹਨਾਂ ਨੇ ਚਸਕਾ ਲਾਲਚ ਤੇ ਹੋਰ ਵਿਕਾਰ ਮਨ ਵਿਚੋਂ ਕੱਢ ਦਿੱਤੇ ਹਨ।

40111	936	ਗੜਿ ਦੋਹੀ ਪਾਤਿਸਾਹ ਕੀ ਕਦੇ ਨ ਆਵੈ ਹਾਰਿ॥	ਗੜ੍ਹਿ	Garr Dhohee Paathisaah Kee Kadhae N Aavai Haar ||	In the fortress of the body, they announce the victory of their Supreme King; they are never ever vanquished.	ਜਿਸ (ਜੀਵ-) ਸਿਪਾਹੀ ਨੇ (ਸਰੀਰ-) ਕਿਲ੍ਹੇ ਵਿਚ (ਪ੍ਰਭੂ-) ਪਾਤਸ਼ਾਹ ਦੀ ਦੁਹਾਈ ਪਾਈ ਹੈ (ਭਾਵ, ਸਿਮਰਨ ਨੂੰ ਹਰ ਵੇਲੇ ਵਸਾਇਆ ਹੈ) ਉਹ (ਕਾਮਾਦਿਕ ਪੰਜਾਂ ਦੇ ਮੁਕਾਬਲੇ ਤੇ) ਕਦੇ ਹਾਰ ਕੇ ਨਹੀਂ ਆਉਂਦਾ।
40112	936	ਚਾਕਰੁ ਕਹੀਐ ਖਸਮ ਕਾ ਸਉਹੇ ਉਤਰ ਦੇਇ॥	ਸਉਹੇ ਸਾਮ੍ਹਣੇ	Chaakar Keheeai Khasam Kaa Souhae Outhar Dhaee ||	One who calls himself a servant of his Lord and Master, and yet speaks defiantly to Him,	(ਪਰ ਜੋ ਮਨੁੱਖ) ਪ੍ਰਭੂ ਮਾਲਕ ਦਾ ਨੌਕਰ (ਭੀ) ਅਖਵਾਏ ਤੇ ਸਾਹਮਣੇ ਜਵਾਬ ਭੀ ਦੇਵੇ (ਭਾਵ, ਉਸ ਦੇ ਹੁਕਮ ਵਿਚ ਨਾਹ ਤੁਰੇ),
40113	936	ਵਜਹੁ ਗਵਾਏ ਆਪਣਾ ਤਖਤਿ ਨ ਬੈਸਹਿ ਸੇਇ॥		Vajahu Gavaaeae Aapanaa Thakhath N Baisehi Saee ||	Shall forfeit his pay, and not be seated upon the throne.	ਉਹ ਆਪਣੀ ਤਨਖ਼ਾਹ ਗਵਾ ਲੈਂਦਾ ਹੈ (ਭਾਵ, ਉਹ ਮੇਹਰ ਤੋਂ ਵਾਂਜਿਆ ਰਹਿੰਦਾ ਹੈ), ਅਜੇਹੇ ਜੀਵ (ਰੱਬੀ) ਤਖ਼ਤ ਉਤੇ ਨਹੀਂ ਬੈਠ ਸਕਦੇ (ਭਾਵ, ਉਸ ਨਾਲ ਇਕ-ਰੂਪ ਨਹੀਂ ਹੋ ਸਕਦੇ)।
40114	936	ਪ੍ਰੀਤਮ ਹਥਿ ਵਡਿਆਈਆ ਜੈ ਭਾਵੈ ਤੈ ਦੇਇ॥		Preetham Hathh Vaddiaaeeaa Jai Bhaavai Thai Dhaee ||	Glorious greatness rests in the hands of my Beloved; He gives, according to the Pleasure of His Will.	ਪਰ ਪ੍ਰਭੂ ਦੇ ਗੁਣ ਗਾਉਣੇ ਪ੍ਰੀਤਮ-ਪ੍ਰਭੂ ਦੇ ਆਪਣੇ ਹੱਥ ਵਿਚ ਹਨ, ਜੋ ਉਸ ਨੂੰ ਭਾਉਂਦਾ ਹੈ ਉਸ ਨੂੰ ਦੇਂਦਾ ਹੈ,

40115	936	ਆਪਿ ਕਰੇ ਕਿਸੁ ਆਖੀਐ ਅਵਰੁ ਨ ਕੋਇ ਕਰੇਇ॥੪੫॥	ਕਰੇ-ਇ	Aap Karae Kis Aakheeai Avar N Koe Karaee ||45||	He Himself does everything; who else should we address? No one else does anything. ||45||	ਕਿਸੇ ਹੋਰ ਦੇ ਅੱਗੇ ਪੁਕਾਰ ਨਹੀਂ ਕੀਤੀ ਜਾ ਸਕਦੀ, ਕਿਉਂਕਿ ਪ੍ਰਭੂ ਆਪ ਹੀ ਸਭ ਕੁਝ ਕਰਦਾ ਹੈ, ਕੋਈ ਹੋਰ ਕੁਝ ਨਹੀਂ ਕਰ ਸਕਦਾ ॥੪੫॥
40116	936	ਬੀਜਉ ਸੂਝੈ ਕੋ ਨਹੀ ਬਹੈ ਦੁਲੀਚਾ ਪਾਇ॥		Beejo Soojhai Ko Nehee Behai Dhuleechaa Paae ||	I cannot conceive of any other, who could be seated upon the royal cushions.	ਮੈਨੂੰ ਕੋਈ ਹੋਰ ਦੂਜਾ ਐਸਾ ਨਹੀਂ ਸੁੱਝਦਾ ਜੋ (ਸਦਾ ਲਈ) ਆਸਣ ਵਿਛਾ ਕੇ ਬੈਠ ਸਕੇ (ਭਾਵ, ਜੋ ਸਾਰੇ ਜਗਤ ਦਾ ਅਟੱਲ ਮਾਲਕ ਅਖਵਾ ਸਕੇ);
40117	936	ਨਰਕ ਨਿਵਾਰਣੁ ਨਰਹ ਨਰੁ ਸਾਚਉ ਸਾਚੈ ਨਾਇ॥		Narak Nivaaran Nareh Nar Saacho Saachai Naae ||	The Supreme Man of men eradicates hell; He is True, and True is His Name.	ਜੀਵਾਂ ਦੇ ਨਰਕ ਦੂਰ ਕਰਨ ਵਾਲਾ ਤੇ ਜੀਵਾਂ ਦਾ ਮਾਲਕ ਸਦਾ ਕਾਇਮ ਰਹਿਣ ਵਾਲਾ ਇਕ ਪ੍ਰਭੂ ਹੀ ਹੈ ਜੋ ਨਾਮ (ਸਿਮਰਨ) ਦੀ ਰਾਹੀਂ (ਮਿਲਦਾ) ਹੈ।
40118	936	ਵਣੁ ਤ੍ਰਿਣੁ ਢੂਢਤ ਫਿਰਿ ਰਹੀ ਮਨ ਮਹਿ ਕਰਉ ਬੀਚਾਰੁ॥		Van Thrin Dtoodtath Fir Rehee Man Mehi Karo Beechaar ||	I wandered around searching for Him in the forests and meadows; I contemplate Him within my mind.	(ਉਸ ਪ੍ਰਭੂ ਦੀ ਖ਼ਾਤਰ) ਮੈਂ ਜੰਗਲ-ਬੇਲਾ ਢੂੰਢ ਢੂੰਢ ਕੇ ਥੱਕ ਗਈ ਹਾਂ, (ਹੁਣ ਜਦੋਂ) ਮੈਂ ਮਨ ਵਿਚ ਸੋਚਦੀ ਹਾਂ,
40119	936	ਲਾਲ ਰਤਨ ਬਹੁ ਮਾਣਕੀ ਸਤਿਗੁਰ ਹਾਥਿ ਭੰਡਾਰੁ॥		Laal Rathan Bahu Maanakee Sathigur Haathh Bhanddaar ||	The treasures of myriads of pearls, jewels and emeralds are in the hands of the True Guru.	(ਤਾਂ ਸਮਝ ਆਈ ਹੈ ਕਿ) ਲਾਲਾਂ ਰਤਨਾਂ ਤੇ ਮੋਤੀਆਂ (ਭਾਵ, ਰੱਬੀ ਗੁਣਾਂ) ਦਾ ਖ਼ਜ਼ਾਨਾ ਸਤਿਗੁਰੂ ਦੇ ਹੱਥ ਵਿਚ ਹੈ।

40120	936	ਊਤਮੁ ਹੋਵਾ ਪ੍ਰਭੁ ਮਿਲੈ ਇਕ ਮਨਿ ਏਕੈ ਭਾਇ॥		Ootham Hovaa Prabh Milai Eik Man Eaekai Bhaae ||	Meeting with God, I am exalted and elevated; I love the One Lord single-mindedly.	ਜੇ ਮੈਂ ਇਕ-ਮਨ ਹੋ ਕੇ (ਸਿਮਰਨ ਕਰ ਕੇ) ਸੁੱਧ-ਆਤਮਾ ਹੋ ਜਾਵਾਂ ਤਾਂ ਮੈਨੂੰ ਪ੍ਰਭੂ ਮਿਲ ਪਏ।
40121	936	ਨਾਨਕ ਪ੍ਰੀਤਮ ਰਸਿ ਮਿਲੇ ਲਾਹਾ ਲੈ ਪਰਥਾਇ॥		Naanak Preetham Ras Milae Laahaa Lai Parathhaae ||	O Nanak, one who lovingly meets with his Beloved, earns profit in the world hereafter.	ਹੇ ਨਾਨਕ! ਜੋ ਜੀਵ ਪ੍ਰੀਤਮ-ਪ੍ਰਭੂ ਦੇ ਪਿਆਰ ਵਿਚ ਜੁੜੇ ਹੋਏ ਹਨ ਉਹ ਪਰਲੋਕ ਦੀ ਖੱਟੀ ਖੱਟ ਲੈਂਦੇ ਹਨ।
40122	936	ਰਚਨਾ ਰਾਚਿ ਜਿਨਿ ਰਚੀ ਜਿਨਿ ਸਿਰਿਆ ਆਕਾਰੁ॥		Rachanaa Raach Jin Rachee Jin Siriaa Aakaar ||	He who created and formed the creation, made your form as well.	(ਹੇ ਪਾਂਡੇ!) ਜਿਸ (ਪ੍ਰਭੂ) ਨੇ ਰਚਨਾ ਰਚੀ ਹੈ ਜਿਸ ਨੇ ਜਗਤ ਦਾ ਢਾਂਚਾ ਬਣਾਇਆ ਹੈ,
40123	936	ਗੁਰਮੁਖਿ ਬੇਅੰਤੁ ਧਿਆਈਐ ਅੰਤੁ ਨ ਪਾਰਾਵਾਰੁ॥੪੬॥		Guramukh Baeanth Dhhiaaeeai Anth N Paaraavaar ||46||	As Gurmukh, meditate on the Infinite Lord, who has no end or limitation. ||46||	ਜੋ ਆਪ ਬੇਅੰਤ ਹੈ, ਜਿਸ ਦਾ ਅੰਤ ਤੇ ਹੱਦ-ਬੰਨਾ ਨਹੀਂ ਪਾਇਆ ਜਾ ਸਕਦਾ, ਉਸ ਨੂੰ ਗੁਰੂ ਦੇ ਦੱਸੇ ਹੋਏ ਰਾਹ ਤੇ ਤੁਰਿਆਂ ਹੀ ਸਿਮਰਿਆ ਜਾ ਸਕਦਾ ਹੈ ॥੪੬॥
40124	936	ੜਾੜੈ ਰੂੜਾ ਹਰਿ ਜੀਉ ਸੋਈ॥		Rraarrai Roorraa Har Jeeo Soee ||	Rharha: The Dear Lord is beautiful;	ਉਹ ਪ੍ਰਭੂ ਹੀ (ਸਭ ਤੋਂ ਵਧੀਕ) ਸੁੰਦਰ ਹੈ,
40125	936	ਤਿਸੁ ਬਿਨੁ ਰਾਜਾ ਅਵਰੁ ਨ ਕੋਈ॥		This Bin Raajaa Avar N Koee ||	There is no other king, except Him.	ਉਸ ਤੋਂ ਬਿਨਾ ਹੋਰ ਕੋਈ (ਭਾਵ, ਉਸ ਦੇ ਬਰਾਬਰ ਦਾ) ਹਾਕਮ ਨਹੀਂ ਹੈ।

40126	936	ੜਾੜੈ ਗਾਰੁੜੁ ਤੁਮ ਸੁਣਹੁ ਹਰਿ ਵਸੈ ਮਨ ਮਾਹਿ॥		Rraarrai Gaarurr Thum Sunahu Har Vasai Man Maahi ||	Rharha: Listen to the spell, and the Lord will come to dwell in your mind.	(ਹੇ ਪਾਂਡੇ!) ਤੂੰ ਮਨ ਨੂੰ ਵੱਸ ਕਰਨ ਲਈ ('ਗੁਰ-ਸ਼ਬਦ'-ਰੂਪ) ਮੰਤ੍ਰ ਸੁਣ (ਇਸ ਨਾਲ) ਇਹ ਪ੍ਰਭੂ ਮਨ ਵਿਚ ਆ ਵੱਸੇਗਾ।
40127	936	ਗੁਰ ਪਰਸਾਦੀ ਹਰਿ ਪਾਈਐ ਮਤੁ ਕੋ ਭਰਮਿ ਭੁਲਾਹਿ॥		Gur Parasaadhee Har Paaeeai Math Ko Bharam Bhulaahi ||	By Guru's Grace, one finds the Lord; do not be deluded by doubt.	(ਪਰ) ਮਤਾਂ ਕੋਈ ਕਿਸੇ ਭੁਲੇਖੇ ਵਿਚ ਪਏ, (ਕਿ ਪ੍ਰਭੂ ਗੁਰੂ ਤੋਂ ਬਿਨਾ ਪ੍ਰਾਪਤ ਹੋ ਸਕਦਾ ਹੈ) ਪ੍ਰਭੂ (ਤਾਂ) ਗੁਰੂ ਦੀ ਮੇਹਰ ਨਾਲ ਹੀ ਮਿਲਦਾ ਹੈ।
40128	936	ਸੋ ਸਾਹੁ ਸਾਚਾ ਜਿਸੁ ਹਰਿ ਧਨੁ ਰਾਸਿ॥		So Saahu Saachaa Jis Har Dhhan Raas ||	He alone is the true banker, who has the capital of the wealth of the Lord.	ਗੁਰੂ ਹੀ ਸੱਚਾ ਸ਼ਾਹ ਹੈ ਜਿਸ ਦੇ ਪਾਸ ਪ੍ਰਭੂ ਦਾ ਨਾਮ-ਰੂਪ ਪੂੰਜੀ ਹੈ,
40129	936	ਗੁਰਮੁਖਿ ਪੂਰਾ ਤਿਸੁ ਸਾਬਾਸਿ॥		Guramukh Pooraa This Saabaas ||	The Gurmukh is perfect - applaud him!	ਗੁਰੂ ਹੀ ਪੂਰਨ ਪੁਰਖ ਹੈ, ਗੁਰੂ ਨੂੰ ਹੀ ਧੰਨ ਧੰਨ (ਆਖੋ)।
40130	936	ਰੂੜੀ ਬਾਣੀ ਹਰਿ ਪਾਇਆ ਗੁਰ ਸਬਦੀ ਬੀਚਾਰਿ॥		Roorree Baanee Har Paaeiaa Gur Sabadhee Beechaar ||	Through the beautiful Word of the Guru's Bani, the Lord is obtained; contemplate the Word of the Guru's Shabad.	(ਜਿਸ ਕਿਸੇ ਨੂੰ ਮਿਲਿਆ ਹੈ) ਸਤਿਗੁਰੂ ਦੀ ਸੁੰਦਰ ਬਾਣੀ ਦੀ ਰਾਹੀਂ ਹੀ, ਗੁਰੂ ਦੇ ਸ਼ਬਦ ਦੀ ਵਿਚਾਰ ਦੀ ਰਾਹੀਂ ਹੀ ਪ੍ਰਭੂ ਮਿਲਿਆ ਹੈ;

40131	937	ਆਪੁ ਗਇਆ ਦੁਖੁ ਕਟਿਆ ਹਰਿ ਵਰੁ ਪਾਇਆ ਨਾਰਿ॥੪੭॥	ਗ–ਇਆ	Aap Gaeiaa Dhukh Kattiaa Har Var Paaeiaa Naar ||47||	Self-conceit is eliminated, and pain is eradicated; the soul bride obtains her Husband Lord. ||47||	(ਗੁਰ-ਸ਼ਬਦ ਦੀ ਰਾਹੀਂ ਜਿਸ ਦਾ) ਆਪਾ-ਭਾਵ ਦੂਰ ਹੋਇਆ ਹੈ (ਹਉਮੈ ਦਾ) ਦੁੱਖ ਕੱਟਿਆ ਗਿਆ ਹੈ ਉਸ ਜੀਵ-ਇਸਤ੍ਰੀ ਨੇ ਪ੍ਰਭੂ-ਖਸਮ ਲੱਭ ਲਿਆ ਹੈ ॥੪੭॥
40132	937	ਸੁਇਨਾ ਰੁਪਾ ਸੰਚੀਐ ਧਨੁ ਕਾਚਾ ਬਿਖੁ ਛਾਰੁ॥	ਰੁੱਪਾ	Sueinaa Rupaa Sancheeai Dhhan Kaachaa Bikh Shhaar ||	He hoards gold and silver, but this wealth is false and poisonous, nothing more than ashes.	(ਆਮ ਤੌਰ ਤੇ ਜਗਤ ਵਿਚ) ਸੋਨਾ ਚਾਂਦੀ ਹੀ ਇਕੱਠਾ ਕਰੀਦਾ ਹੈ, ਪਰ ਇਹ ਧਨ ਹੋਛਾ ਹੈ, ਵਿਹੁ (-ਰੂਪ, ਭਾਵ, ਦੁਖਦਾਈ) ਹੈ, ਤੁੱਛ ਹੈ।
40133	937	ਸਾਹੁ ਸਦਾਏ ਸੰਚਿ ਧਨੁ ਦੁਬਿਧਾ ਹੋਇ ਖੁਆਰੁ॥		Saahu Sadhaaeae Sanch Dhhan Dhubidhhaa Hoe Khuaar ||	He calls himself a banker, gathering wealth, but he is ruined by his dual-mindedness.	ਜੋ ਮਨੁੱਖ (ਇਹ) ਧਨ ਜੋੜ ਕੇ (ਆਪਣੇ ਆਪ ਨੂੰ) ਸ਼ਾਹ ਸਦਾਂਦਾ ਹੈ ਉਹ ਮੇਰ-ਤੇਰ ਵਿਚ ਦੁਖੀ ਹੁੰਦਾ ਹੈ।
40134	937	ਸਚਿਆਰੀ ਸਚੁ ਸੰਚਿਆ ਸਾਚਉ ਨਾਮੁ ਅਮੋਲੁ॥		Sachiaaree Sach Sanchiaa Saacho Naam Amol ||	The truthful ones gather Truth; the True Name is priceless.	ਸੱਚੇ ਵਪਾਰੀਆਂ ਨੇ ਸਦਾ-ਥਿਰ ਰਹਿਣ ਵਾਲਾ ਨਾਮ-ਧਨ ਇਕੱਠਾ ਕੀਤਾ ਹੈ, ਸੱਚਾ ਅਮੋਲਕ ਨਾਮ ਵਿਹਾਝਿਆ ਹੈ,
40135	937	ਹਰਿ ਨਿਰਮਾਇਲੁ ਊਜਲੋ ਪਤਿ ਸਾਚੀ ਸਚੁ ਬੋਲੁ॥		Har Niramaaeil Oojalo Path Saachee Sach Bol ||	The Lord is immaculate and pure; through Him, their honor is true, and their speech is true.	ਉੱਜਲ ਤੇ ਪਵਿਤ੍ਰ ਪ੍ਰਭੂ (ਦਾ ਨਾਮ ਖੱਟਿਆ ਹੈ), ਉਹਨਾਂ ਨੂੰ ਸੱਚੀ ਇੱਜ਼ਤ ਮਿਲਦੀ ਹੈ (ਪ੍ਰਭੂ ਦਾ) ਸੱਚਾ (ਮਿੱਠਾ ਆਦਰ ਵਾਲਾ) ਬੋਲ (ਮਿਲਦਾ ਹੈ)।

40136	937	ਸਾਜਨੁ ਮੀਤੁ ਸੁਜਾਣੁ ਤੂ ਤੂ ਸਰਵਰੁ ਤੂ ਹੰਸੁ॥		Saajan Meeth Sujaan Thoo Thoo Saravar Thoo Hans ||	You are my friend and companion, all-knowing Lord; You are the lake, and You are the swan.	(ਹੇ ਪਾਂਡੇ! ਤੂੰ ਭੀ ਮਨ ਦੀ ਪੱਟੀ ਉਤੇ ਗੋਪਾਲ ਦਾ ਨਾਮ ਲਿਖ ਤੇ ਉਸ ਅੱਗੇ ਇਉਂ ਅਰਦਾਸ ਕਰ- ਹੇ ਪ੍ਰਭੂ!) ਤੂੰ ਹੀ (ਸੱਚਾ) ਸਿਆਣਾ ਸੱਜਣ ਮਿੱਤਰ ਹੈਂ, ਤੂੰ ਹੀ (ਜਗਤ-ਰੂਪ) ਸਰੋਵਰ ਹੈਂ ਤੇ ਤੂੰ ਹੀ (ਇਸ ਸਰੋਵਰ ਦਾ ਜੀਵ- ਰੂਪ ਹੰਸ ਹੈਂ;
40137	937	ਸਾਚਉ ਠਾਕੁਰੁ ਮਨਿ ਵਸੈ ਹਉ ਬਲਿਹਾਰੀ ਤਿਸੁ॥		Saacho Thaakur Man Vasai Ho Balihaaree This ||	I am a sacrifice to that being, whose mind is filled with the True Lord and Master.	ਮੈਂ ਸਦਕੇ ਹਾਂ ਉਸ (ਹੰਸ) ਤੋਂ ਜਿਸ ਦੇ ਮਨ ਵਿਚ ਤੂੰ ਸੱਚਾ ਠਾਕੁਰ ਵੱਸਦਾ ਹੈਂ।
40138	937	ਮਾਇਆ ਮਮਤਾ ਮੋਹਣੀ ਜਿਨਿ ਕੀਤੀ ਸੋ ਜਾਣੁ॥		Maaeiaa Mamathaa Mohanee Jin Keethee So Jaan ||	Know the One who created love and attachment to Maya, the Enticer.	(ਹੇ ਪਾਂਡੇ!) ਉਸ ਗੋਪਾਲ ਨੂੰ ਚੇਤੇ ਰੱਖ ਜਿਸ ਨੇ ਮੋਹਣੀ ਮਾਇਆ ਦੀ ਮਮਤਾ (ਜੀਵਾਂ ਨੂੰ) ਲਾ ਦਿੱਤੀ ਹੈ,
40139	937	ਬਿਖਿਆ ਅੰਮ੍ਰਿਤੁ ਏਕੁ ਹੈ ਬੂਝੈ ਪੁਰਖੁ ਸੁਜਾਣੁ॥੪੮॥	ਬੂੱਝੈ	Bikhiaa Anmrith Eaek Hai Boojhai Purakh Sujaan ||48||	One who realizes the all-knowing Primal Lord, looks alike upon poison and nectar. ||48||	ਜਿਸ ਕਿਸੇ ਨੇ ਉਸ ਸੁਜਾਨ ਪੁਰਖ ਪ੍ਰਭੂ ਨੂੰ ਸਮਝ ਲਿਆ ਹੈ, ਉਸ ਲਈ ਸਿਰਫ਼ (ਨਾਮ-) ਅੰਮ੍ਰਿਤ ਹੀ 'ਮਾਇਆ' ਹੈ ॥੪੮॥

40140	937	ਖਿਮਾ ਵਿਹੂਣੇ ਖਪਿ ਗਏ ਖੂਹਣਿ ਲਖ ਅਸੰਖ॥		Khimaa Vihoonae Khap Geae Khoohan Lakh Asankh ||	Without patience and forgiveness, countless hundreds of thousands have perished.	(ਮੋਹਣੀ ਮਾਇਆ ਦੀ ਮਮਤਾ ਤੋਂ ਪੈਦਾ ਹੋਏ ਵਿਤਕਰੇ ਦੇ ਕਾਰਨ) ਖਿਮਾ-ਹੀਣ ਹੋ ਕੇ ਬੇਅੰਤ, ਲੱਖਾਂ ਅਣਗਿਣਤ ਜੀਵ ਖਪ ਮੋਏ ਹਨ, ਗਿਣੇ ਨਹੀਂ ਜਾ ਸਕਦੇ,
40141	937	ਗਣਤ ਨ ਆਵੈ ਕਿਉ ਗਣੀ ਖਪਿ ਖਪਿ ਮੁਏ ਬਿਸੰਖ॥		Ganath N Aavai Kio Ganee Khap Khap Mueae Bisankh ||	Their numbers cannot be counted; how could I count them? Bothered and bewildered, uncounted numbers have died.	ਗਿਣਤੀ ਦਾ ਕੀਹ ਲਾਭ? ਅਣਗਿਣਤ ਹੀ ਜੀਵ (ਖਿਮਾ-ਵਿਹੂਣੇ ਹੋ ਕੇ) ਖ਼ੁਆਰ ਹੋਏ ਹਨ।
40142	937	ਖਸਮੁ ਪਛਾਣੈ ਆਪਣਾ ਖੂਲੈ ਬੰਧੁ ਨ ਪਾਇ॥	(੨ ਬੰਧੁਨ)	Khasam Pashhaanai Aapanaa Khoolai Bandhh N Paae ||	One who realizes his Lord and Master is set free, and not bound by chains.	ਜੋ ਮਨੁੱਖ ਆਪਣੇ ਮਾਲਕ-ਪ੍ਰਭੂ ਨੂੰ ਪਛਾਣਦਾ ਹੈ, ਉਹ ਖੁਲ੍ਹੇ ਦਿਲ ਵਾਲਾ ਹੋ ਜਾਂਦਾ ਹੈ, ਤੰਗ-ਦਿਲੀ (ਉਸ ਵਿਚ) ਨਹੀਂ ਰਹਿੰਦੀ।
40143	937	ਸਬਦਿ ਮਹਲੀ ਖਰਾ ਤੂ ਖਿਮਾ ਸਚੁ ਸੁਖ ਭਾਇ॥		Sabadh Mehalee Kharaa Thoo Khimaa Sach Sukh Bhaae ||	Through the Word of the Shabad, enter the Mansion of the Lord's Presence; you shall be blessed with patience, forgiveness, truth and peace.	ਗੁਰੂ ਦੇ ਸ਼ਬਦ ਦੀ ਰਾਹੀਂ ਉਹ ਟਿਕ ਜਾਂਦਾ ਹੈ (ਭਾਵ, ਜਿਗਰੇ ਵਾਲਾ ਹੋ ਜਾਂਦਾ ਹੈ); (ਹੇ ਪ੍ਰਭੂ!) ਤੂੰ ਉਸ ਨੂੰ ਪ੍ਰਤੱਖ ਦਿੱਸ ਪੈਂਦਾ ਹੈਂ, ਖਿਮਾ ਤੇ ਸੱਚ ਉਸ ਨੂੰ ਸੁਖੈਨ ਹੀ ਮਿਲ ਜਾਂਦੇ ਹਨ।

40144	937	ਖਰਚੁ ਖਰਾ ਧਨੁ ਧਿਆਨੁ ਤੂ ਆਪੇ ਵਸਹਿ ਸਰੀਰਿ॥		Kharach Kharaa Dhhan Dhhiaan Thoo Aapae Vasehi Sareer ||	Partake of the true wealth of meditation, and the Lord Himself shall abide within your body.	(ਹੇ ਪ੍ਰਭੂ!) ਤੂੰ ਹੀ ਉਸ ਦਾ (ਜ਼ਿੰਦਗੀ ਦੇ ਸਫ਼ਰ ਦਾ) ਖ਼ਰਚ ਬਣ ਜਾਂਦਾ ਹੈਂ, ਤੂੰ ਹੀ ਉਸ ਦਾ ਖਰਾ (ਸੱਚਾ) ਧਨ ਹੋ ਜਾਂਦਾ ਹੈਂ, ਤੂੰ ਆਪ ਹੀ ਉਸ ਦਾ ਧਿਆਨ (ਭਾਵ, ਸੁਰਤ ਦਾ ਨਿਸ਼ਾਨਾ) ਬਣ ਜਾਂਦਾ ਹੈਂ, ਤੂੰ ਆਪ ਹੀ ਉਸ ਦੇ ਸਰੀਰ ਵਿਚ (ਪ੍ਰਤੱਖ) ਵੱਸਣ ਲੱਗ ਪੈਂਦਾ ਹੈਂ।
40145	937	ਮਨਿ ਤਨਿ ਮੁਖਿ ਜਾਪੈ ਸਦਾ ਗੁਣ ਅੰਤਰਿ ਮਨਿ ਧੀਰ॥		Man Than Mukh Jaapai Sadhaa Gun Anthar Man Dhheer ||	With mind, body and mouth, chant His Glorious Virtues forever; courage and composure shall enter deep within your mind.	ਉਹ ਮਨੋਂ ਤਨੋਂ ਮੂੰਹੋਂ ਸਦਾ (ਤੈਨੂੰ ਹੀ) ਜਪਦਾ ਹੈ, ਉਸ ਦੇ ਅੰਦਰ (ਤੇਰੇ) ਗੁਣ ਪੈਦਾ ਹੋ ਜਾਂਦੇ ਹਨ, ਉਸ ਦੇ ਮਨ ਵਿਚ ਧੀਰਜ ਆ ਜਾਂਦੀ ਹੈ।
40146	937	ਹਉਮੈ ਖਪੈ ਖਪਾਇਸੀ ਬੀਜਉ ਵਥੁ ਵਿਕਾਰੁ॥	ਵੱਥੁ	Houmai Khapai Khapaaeisee Beejo Vathh Vikaar ||	Through egotism, one is distracted and ruined; other than the Lord, all things are corrupt.	(ਗੋਪਾਲ ਦੇ ਨਾਮ ਤੋਂ ਬਿਨਾ) ਦੂਜਾ ਪਦਾਰਥ ਵਿਕਾਰ (-ਰੂਪ) ਹੈ, (ਇਸ ਦੇ ਕਾਰਨ) ਜੀਵ ਹਉਮੈ ਵਿਚ ਖਪਦਾ ਖਪਾਂਦਾ ਹੈ।
40147	937	ਜੰਤ ਉਪਾਇ ਵਿਚਿ ਪਾਇਅਨੁ ਕਰਤਾ ਅਲਗੁ ਅਪਾਰੁ॥੪੯॥	ਅ-ਲਗੁ	Janth Oupaae Vich Paaeian Karathaa Alag Apaar ||49||	Forming His creatures, He placed Himself within them; the Creator is unattached and infinite. ||49||	(ਅਚਰਜ ਹੀ ਖੇਡ ਹੈ!) ਕਰਤਾਰ ਨੇ ਜੰਤ ਪੈਦਾ ਕਰ ਕੇ (ਹਉਮੈ) ਵਿਚ ਪਾ ਦਿੱਤੇ ਹਨ, (ਪਰ) ਉਹ ਆਪ ਬੇਅੰਤ ਕਰਤਾਰ ਵੱਖਰਾ ਹੀ ਰਹਿੰਦਾ ਹੈ ॥੪੯॥

40148	937	ਸ੍ਰਿਸਟੇ ਭੇਉ ਨ ਜਾਣੈ ਕੋਇ॥		Srisattae Bhaeo N Jaanai Koe ||	No one knows the mystery of the Creator of the World.	ਕੋਈ ਜੀਵ ਸਿਰਜਣਹਾਰ-ਪ੍ਰਭੂ ਦਾ ਭੇਤ ਨਹੀਂ ਪਾ ਸਕਦਾ (ਤੇ, ਕੋਈ ਉਸ ਦੀ ਰਜ਼ਾ ਵਿਚ ਦਖ਼ਲ ਨਹੀਂ ਦੇ ਸਕਦਾ)
40149	937	ਸ੍ਰਿਸਟਾ ਕਰੈ ਸੁ ਨਿਹਚਉ ਹੋਇ॥		Srisattaa Karai S Nihacho Hoe ||	Whatever the Creator of the World does, is certain to occur.	(ਕਿਉਂਕਿ ਜਗਤ ਵਿਚ) ਜ਼ਰੂਰ ਉਹੀ ਹੁੰਦਾ ਹੈ ਜੋ ਸਿਰਜਣਹਾਰ-ਕਰਤਾਰ ਕਰਦਾ ਹੈ।
40150	937	ਸੰਪੈ ਕਉ ਈਸਰੁ ਧਿਆਈਐ॥		Sanpai Ko Eesar Dhhiaaeeai ||	For wealth, some meditate on the Lord.	(ਸਿਰਜਣਹਾਰ ਦੀ ਇਹ ਇਕ ਅਜਬ ਖੇਡ ਹੈ ਕਿ ਆਮ ਤੌਰ ਤੇ ਮਨੁੱਖ) ਧਨ ਦੀ ਖ਼ਾਤਰ ਹੀ ਪਰਮਾਤਮਾ ਨੂੰ ਧਿਆਉਂਦਾ ਹੈ,
40151	937	ਸੰਪੈ ਪੁਰਬਿ ਲਿਖੇ ਕੀ ਪਾਈਐ॥		Sanpai Purab Likhae Kee Paaeeai ||	By pre-ordained destiny, wealth is obtained.	ਤੇ ਹੁਣ ਤਕ ਦੀ ਕੀਤੀ ਮਿਹਨਤ ਦੇ ਲਿਖੇ ਅਨੁਸਾਰ ਧਨ ਮਿਲ (ਭੀ) ਜਾਂਦਾ ਹੈ।
40152	937	ਸੰਪੈ ਕਾਰਣਿ ਚਾਕਰ ਚੋਰ॥		Sanpai Kaaran Chaakar Chor ||	For the sake of wealth, some become servants or thieves.	ਧਨ ਦੀ ਖ਼ਾਤਰ ਮਨੁੱਖ ਦੂਜਿਆਂ ਦੇ ਨੌਕਰ (ਭੀ) ਬਣਦੇ ਹਨ, ਚੋਰ (ਭੀ) ਬਣਦੇ ਹਨ (ਭਾਵ, ਚੋਰੀ ਭੀ ਕਰਦੇ ਹਨ)।
40153	937	ਸੰਪੈ ਸਾਥਿ ਨ ਚਾਲੈ ਹੋਰ॥		Sanpai Saathh N Chaalai Hor ||	Wealth does not go along with them when they die; it passes into the hands of others.	ਪਰ ਧਨ ਕਿਸੇ ਦੇ ਨਾਲ ਨਹੀਂ ਨਿਭਦਾ, (ਮਰਨ ਤੇ) ਹੋਰਨਾਂ ਦਾ ਬਣ ਜਾਂਦਾ ਹੈ।
40154	937	ਬਿਨੁ ਸਾਚੇ ਨਹੀ ਦਰਗਹ ਮਾਨੁ॥		Bin Saachae Nehee Dharageh Maan ||	Without Truth, honor is not obtained in the Court of the Lord.	ਸਦਾ-ਥਿਰ ਰਹਿਣ ਵਾਲਾ ਗੋਪਾਲ (ਦੇ ਨਾਮ) ਤੋਂ ਬਿਨਾ ਉਸ ਦੀ ਹਜ਼ੂਰੀ ਵਿਚ ਆਦਰ ਨਹੀਂ ਮਿਲਦਾ।

40155	937	ਹਰਿ ਰਸੁ ਪੀਵੈ ਛੁਟੈ ਨਿਦਾਨਿ॥੫੦॥		Har Ras Peevai Shhuttai Nidhaan ||50||	Drinking in the subtle essence of the Lord, one is emancipated in the end. ||50||	ਜੋ ਮਨੁੱਖ ਪਰਮਾਤਮਾ ਦੇ ਨਾਮ ਦਾ ਰਸ ਪੀਂਦਾ ਹੈ ਉਹ (ਸੰਪੈ-ਧਨ ਦੇ ਮੋਹ ਤੋਂ) ਅੰਤ ਨੂੰ ਬਚ ਜਾਂਦਾ ਹੈ ॥੫੦॥
40156	937	ਹੇਰਤ ਹੇਰਤ ਹੇ ਸਖੀ ਹੋਇ ਰਹੀ ਹੈਰਾਨੁ॥		Haerath Haerath Hae Sakhee Hoe Rehee Hairaan ||	Seeing and perceiving, O my companions, I am wonder-struck and amazed.	ਹੇ ਸਖੀ! (ਇਹ ਗੱਲ) ਵੇਖ ਵੇਖ ਕੇ ਮੈਂ ਹੈਰਾਨ ਹੋ ਰਹੀ ਹਾਂ,
40157	937	ਹਉ ਹਉ ਕਰਤੀ ਮੈ ਮੁਈ ਸਬਦਿ ਰਵੈ ਮਨਿ ਗਿਆਨੁ॥		Ho Ho Karathee Mai Muee Sabadh Ravai Man Giaan ||	My egotism, which proclaimed itself in possessiveness and self-conceit, is dead. My mind chants the Word of the Shabad, and attains spiritual wisdom.	ਕਿ (ਮੇਰੇ ਅੰਦਰੋਂ) 'ਹਉਂ ਹਉਂ' ਕਰਨ ਵਾਲੀ 'ਮੈਂ' ਮਰ ਗਈ ਹੈ (ਭਾਵ, 'ਹਉਮੈ' ਕਰਨ ਵਾਲੀ ਆਦਤ ਮੁੱਕ ਗਈ ਹੈ)। (ਹੁਣ ਮੇਰੀ ਸੁਰਤ) ਗੁਰ-ਸ਼ਬਦ ਵਿਚ ਜੁੜ ਰਹੀ ਹੈ, ਤੇ (ਮੇਰੇ) ਮਨ ਵਿਚ ਪ੍ਰਭੂ ਨਾਲ ਜਾਣ-ਪਛਾਣ ਬਣ ਗਈ ਹੈ।
40158	937	ਹਾਰ ਡੋਰ ਕੰਕਨ ਘਣੇ ਕਰਿ ਥਾਕੀ ਸੀਗਾਰੁ॥		Haar Ddor Kankan Ghanae Kar Thhaakee Seegaar ||	I am so tired of wearing all these necklaces, hair-ties and bracelets, and decorating myself.	ਮੈਂ ਬਥੇਰੇ ਹਾਰ ਹਮੇਲਾਂ ਕੰਙਣ (ਪਾ ਪਾ ਕੇ) ਸ਼ਿੰਗਾਰ ਕਰ ਕੇ ਥੱਕ ਚੁਕੀ ਸਾਂ (ਪਰ ਪ੍ਰੀਤਮ ਪ੍ਰਭੂ ਦੇ ਮਿਲਾਪ ਦਾ ਸੁਖ ਨਾਹ ਮਿਲਿਆ, ਭਾਵ, ਬਾਹਰਲੇ ਧਾਰਮਿਕ ਉੱਦਮਾਂ ਤੋਂ ਆਨੰਦ ਨਾਹ ਲੱਭਾ)

40159	937	ਮਿਲਿ ਪ੍ਰੀਤਮ ਸੁਖੁ ਪਾਇਆ ਸਗਲ ਗੁਣਾ ਗਲਿ ਹਾਰੁ॥		Mil Preetham Sukh Paaeiaa Sagal Gunaa Gal Haar ||	Meeting with my Beloved, I have found peace; now, I wear the necklace of total virtue.	(ਹੁਣ ਜਦੋਂ 'ਹਉਮੈ' ਮੁਈ) ਪ੍ਰੀਤਮ-ਪ੍ਰਭੂ ਨੂੰ ਮਿਲ ਕੇ ਸੁਖ ਲੱਭਾ ਹੈ (ਉਸ ਦੇ ਗੁਣ ਮੇਰੇ ਹਿਰਦੇ ਵਿਚ ਆ ਵੱਸੇ ਹਨ, ਇਹੀ ਉਸ ਦੇ) ਸਾਰੇ ਗੁਣਾਂ ਦਾ ਮੇਰੇ ਗਲ ਵਿਚ ਹਾਰ ਹੈ (ਕਿਸੇ ਹੋਰ ਹਾਰ ਸਿੰਗਾਰ ਦੀ ਲੋੜ ਨਹੀਂ ਰਹੀ)।
40160	937	ਨਾਨਕ ਗੁਰਮੁਖਿ ਪਾਈਐ ਹਰਿ ਸਿਉ ਪ੍ਰੀਤਿ ਪਿਆਰੁ॥		Naanak Guramukh Paaeeai Har Sio Preeth Piaar ||	O Nanak, the Gurmukh attains the Lord, with love and affection.	ਹੇ ਨਾਨਕ! ਪ੍ਰਭੂ ਨਾਲ ਪ੍ਰੀਤ, ਪ੍ਰਭੂ ਨਾਲ ਪਿਆਰ, ਸਤਿਗੁਰੂ ਦੀ ਰਾਹੀਂ ਹੀ ਪੈ ਸਕਦਾ ਹੈ;
40161	937	ਹਰਿ ਬਿਨੁ ਕਿਨਿ ਸੁਖੁ ਪਾਇਆ ਦੇਖਹੁ ਮਨਿ ਬੀਚਾਰਿ॥		Har Bin Kin Sukh Paaeiaa Dhaekhahu Man Beechaar ||	Without the Lord, who has found peace? Reflect upon this in your mind, and see.	ਤੇ, (ਬੇਸ਼ਕ) ਮਨ ਵਿਚ ਵਿਚਾਰ ਕੇ ਵੇਖ ਲਵੋ, (ਭਾਵ, ਤੁਹਾਨੂੰ ਆਪਣੀ ਹੱਡ-ਬੀਤੀ ਹੀ ਦੱਸ ਦੇਵੇਗੀ ਕਿ) ਪ੍ਰਭੂ ਦੇ ਮੇਲ ਤੋਂ ਬਿਨਾ ਕਦੇ ਕਿਸੇ ਨੇ ਸੁਖ ਨਹੀਂ ਲੱਭਾ।
40162	937	ਹਰਿ ਪੜਣਾ ਹਰਿ ਬੁਝਣਾ ਹਰਿ ਸਿਉ ਰਖਹੁ ਪਿਆਰੁ॥	ਪੜ੍ਹਣਾ ਬੁੱਝਣਾ	Har Parranaa Har Bujhanaa Har Sio Rakhahu Piaar ||	Read about the Lord, understand the Lord, and enshrine love for the Lord.	(ਸੋ, ਹੇ ਪਾਂਡੇ! ਜੇ ਸੁਖ ਲੱਭਦਾ ਹੈ ਤਾਂ) ਪ੍ਰਭੂ ਦਾ ਨਾਮ ਪੜ੍ਹ, ਪ੍ਰਭੂ ਦਾ ਨਾਮ ਹੀ ਵਿਚਾਰ, ਪ੍ਰਭੂ ਨਾਲ ਹੀ ਪਿਆਰ ਪਾ;

40163	937	ਹਰਿ ਜਪੀਐ ਹਰਿ ਧਿਆਈਐ ਹਰਿ ਕਾ ਨਾਮੁ ਅਧਾਰੁ॥੫੧॥		Har Japeeai Har Dhhiaaeeai Har Kaa Naam Adhhaar ||51||	Chant the Lord's Name, and meditate on the Lord; hold tight to the Support of the Name of the Lord. ||51||	(ਜੀਭ ਨਾਲ) ਪ੍ਰਭੂ ਦਾ ਨਾਮ ਜਪੀਏ, (ਮਨ ਵਿਚ) ਪ੍ਰਭੂ ਨੂੰ ਹੀ ਸਿਮਰੀਏ, ਤੇ ਪ੍ਰਭੂ ਦਾ ਨਾਮ ਹੀ (ਜ਼ਿੰਦਗੀ ਦਾ) ਆਸਰਾ (ਬਣਾਈਏ) ॥੫੧॥
40164	937	ਲੇਖੁ ਨ ਮਿਟਈ ਹੇ ਸਖੀ ਜੋ ਲਿਖਿਆ ਕਰਤਾਰਿ॥		Laekh N Mittee Hae Sakhee Jo Likhiaa Karathaar ||	The inscription inscribed by the Creator Lord cannot be erased, O my companions.	ਹੇ ਸਖੀ! (ਸਾਡੇ ਕੀਤੇ ਕਰਮਾਂ ਅਨੁਸਾਰ, ਹਉਮੈ ਦਾ) ਜੋ ਲੇਖ ਕਰਤਾਰ ਨੇ (ਸਾਡੇ ਮੱਥੇ ਉੱਤੇ) ਲਿਖ ਦਿੱਤਾ ਹੈ ਉਹ (ਸਾਡੀ ਆਪਣੀ ਚਤੁਰਾਈ ਜਾਂ ਹਿੰਮਤ ਨਾਲ) ਮਿਟ ਨਹੀਂ ਸਕਦਾ।
40165	937	ਆਪੇ ਕਾਰਣੁ ਜਿਨਿ ਕੀਆ ਕਰਿ ਕਿਰਪਾ ਪਗੁ ਧਾਰਿ॥		Aapae Kaaran Jin Keeaa Kar Kirapaa Pag Dhhaar ||	He who created the universe, in His Mercy, installs His Feet within us.	(ਇਹ ਲੇਖ ਤਦੋਂ ਮਿਟਦਾ ਹੈ, ਜਦੋਂ) ਜਿਸ ਪ੍ਰਭੂ ਨੇ ਆਪ ਹੀ (ਇਸ ਹਉਮੈ ਦੇ ਲੇਖ ਦਾ) ਸਬੱਬ (ਭਾਵ, ਵਿਛੋੜਾ) ਬਣਾਇਆ ਹੈ ਉਹ ਮਿਹਰ ਕਰ ਕੇ (ਸਾਡੇ ਅੰਦਰ) ਆ ਵੱਸੇ।
40166	937	ਕਰਤੇ ਹਥਿ ਵਡਿਆਈਆ ਬੂਝਹੁ ਗੁਰ ਬੀਚਾਰਿ॥		Karathae Hathh Vaddiaaeeaa Boojhahu Gur Beechaar ||	Glorious greatness rests in the Hands of the Creator; reflect upon the Guru, and understand this.	ਕਰਤਾਰ ਦੇ ਗੁਣ ਗਾਵਣ ਦੀ ਦਾਤ ਕਰਤਾਰ ਦੇ ਆਪਣੇ ਹੱਥ ਵਿਚ ਹੈ; ਗੁਰੂ ਦੇ ਸ਼ਬਦ ਦੀ ਵਿਚਾਰ ਦੀ ਰਾਹੀਂ ਸਮਝਣ ਦਾ ਜਤਨ ਕਰੋ (ਤਾਂ ਸਮਝ ਆ ਜਾਇਗੀ)।

40167	937	ਲਿਖਿਆ ਫੇਰਿ ਨ ਸਕੀਐ ਜਿਉ ਭਾਵੀ ਤਿਉ ਸਾਰਿ॥		Likhiaa Faer N Sakeeai Jio Bhaavee Thio Saar ||	This inscription cannot be challenged. As it pleases You, You care for me.	(ਹੇ ਪ੍ਰਭੂ! ਹਉਮੈ ਦੇ) ਜੋ ਸੰਸਕਾਰ (ਸਾਡੇ ਮਨ ਵਿਚ ਸਾਡੇ ਕਰਮਾਂ ਅਨੁਸਾਰ) ਉਕਰੇ ਜਾਂਦੇ ਹਨ ਉਹ (ਸਾਡੀ ਆਪਣੀ ਚਤੁਰਾਈ ਨਾਲ) ਬਦਲੇ ਨਹੀਂ ਜਾ ਸਕਦੇ; ਜਿਵੇਂ ਤੈਨੂੰ ਚੰਗਾ ਲੱਗੇ ਤੂੰ ਆਪ (ਸਾਡੀ) ਸੰਭਾਲ ਕਰ।
40168	937	ਨਦਰਿ ਤੇਰੀ ਸੁਖੁ ਪਾਇਆ ਨਾਨਕ ਸਬਦੁ ਵੀਚਾਰਿ॥		Nadhar Thaeree Sukh Paaeiaa Naanak Sabadh Veechaar ||	By Your Glance of Grace, I have found peace; O Nanak, reflect upon the Shabad.	ਹੇ ਨਾਨਕ! ਗੁਰੂ ਦੇ ਸ਼ਬਦ ਨੂੰ ਵਿਚਾਰ ਕੇ (ਵੇਖ ਲਿਆ ਹੈ ਕਿ ਹੇ ਪ੍ਰਭੂ!) ਤੇਰੀ ਮਿਹਰ ਦੀ ਨਜ਼ਰ ਨਾਲ ਹੀ ਸੁਖ ਮਿਲਦਾ ਹੈ।
40169	937	ਮਨਮੁਖ ਭੂਲੇ ਪਚਿ ਮੁਏ ਉਬਰੇ ਗੁਰ ਬੀਚਾਰਿ॥		Manamukh Bhoolae Pach Mueae Oubarae Gur Beechaar ||	The self-willed manmukhs are confused; they rot away and die. Only by reflecting upon the Guru can they be saved.	ਜਿਹੜੇ ਮਨੁੱਖ ਆਪਣੇ ਮਨ ਦੇ ਪਿੱਛੇ ਤੁਰੇ ਉਹ (ਇਸ ਹਉਮੈ ਦੇ ਗੇੜ ਵਿਚ ਫਸ ਕੇ) ਦੁਖੀ ਹੋਏ। ਬਚੇ ਉਹ ਜੋ ਗੁਰ-ਸ਼ਬਦ ਦੀ ਵਿਚਾਰ ਵਿਚ (ਜੁੜੇ)।
40170	937	ਜਿ ਪੁਰਖੁ ਨਦਰਿ ਨ ਆਵਈ ਤਿਸ ਕਾ ਕਿਆ ਕਰਿ ਕਹਿਆ ਜਾਇ॥		J Purakh Nadhar N Aavee This Kaa Kiaa Kar Kehiaa Jaae ||	What can anyone say, about that Primal Lord, who cannot be seen?	(ਮਨੁੱਖ ਦੀ ਆਪਣੀ ਚਤੁਰਾਈ ਕਰੇ ਭੀ ਕੀਹ? ਕਿਉਂਕਿ) ਜੋ ਪ੍ਰਭੂ (ਇਹਨਾਂ ਅੱਖਾਂ ਨਾਲ) ਦਿੱਸਦਾ ਹੀ ਨਹੀਂ, ਉਸ ਦੇ ਗੁਣ ਗਾਏ ਨਹੀਂ ਜਾ ਸਕਦੇ।

40171	937	ਬਲਿਹਾਰੀ ਗੁਰ ਆਪਣੇ ਜਿਨਿ ਹਿਰਦੈ ਦਿਤਾ ਦਿਖਾਇ॥੫੨॥		Balihaaree Gur Aapanae Jin Hiradhai Dhithaa Dhikhaae ||52||	I am a sacrifice to my Guru, who has revealed Him to me, within my own heart. ||52||	(ਤਾਹੀਏਂ) ਮੈਂ ਆਪਣੇ ਗੁਰੂ ਤੋਂ ਸਦਕੇ ਹਾਂ ਜਿਸ ਨੇ (ਮੈਨੂੰ ਮੇਰੇ) ਹਿਰਦੇ ਵਿਚ ਹੀ (ਪ੍ਰਭੂ) ਵਿਖਾ ਦਿੱਤਾ ਹੈ ॥੫੨॥
40172	937	ਪਾਧਾ ਪੜਿਆ ਆਖੀਐ ਬਿਦਿਆ ਬਿਚਰੈ ਸਹਜਿ ਸੁਭਾਇ॥		Paadhhaa Parriaa Aakheeai Bidhiaa Bicharai Sehaj Subhaae ||	That Pandit, that religious scholar, is said to be well-educated, if he contemplates knowledge with intuitive ease.	ਉਸ ਪਾਂਧੇ ਨੂੰ ਵਿਦਵਾਨ ਆਖਣਾ ਚਾਹੀਦਾ ਹੈ, ਜਿਹੜਾ ਵਿੱਦਿਆ ਦੀ ਰਾਹੀਂ ਸ਼ਾਂਤੀ ਵਾਲੇ ਸੁਭਾਵ ਵਿਚ ਜੀਵਨ ਬਤੀਤ ਕਰਦਾ ਹੈ,
40173	938	ਬਿਦਿਆ ਸੋਧੈ ਤਤੁ ਲਹੈ ਰਾਮ ਨਾਮ ਲਿਵ ਲਾਇ॥		Bidhiaa Sodhhai Thath Lehai Raam Naam Liv Laae ||	Considering his knowledge, he finds the essence of reality, and lovingly focuses his attention on the Name of the Lord.	ਜਿਹੜਾ ਵਿੱਦਿਆ ਦੀ ਰਾਹੀਂ ਆਪਣੇ ਅਸਲੇ ਦੀ ਵਿਚਾਰ ਕਰਦਾ ਹੈ, ਅਤੇ ਪਰਮਾਤਮਾ ਦੇ ਨਾਮ ਨਾਲ ਸੁਰਤ ਜੋੜ ਕੇ ਜੀਵਨ ਦਾ ਅਸਲ ਮਨੋਰਥ ਹਾਸਲ ਕਰ ਲੈਂਦਾ ਹੈ।
40174	938	ਮਨਮੁਖੁ ਬਿਦਿਆ ਬਿਕ੍ਰਦਾ ਬਿਖੁ ਖਟੇ ਬਿਖੁ ਖਾਇ॥	ਬਿਕ੍ਰਦਾ ਵੇਚਦਾ	Manamukh Bidhiaa Bikradhaa Bikh Khattae Bikh Khaae ||	The self-willed manmukh sells his knowledge; he earns poison, and eats poison.	(ਪਰ) ਜਿਹੜਾ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ, ਉਹ ਵਿੱਦਿਆ ਨੂੰ (ਸਿਰਫ਼) ਵੇਚਦਾ ਹੀ ਹੈ (ਭਾਵ, ਸਿਰਫ਼ ਆਜੀਵਕਾ ਲਈ ਵਰਤਦਾ ਹੈ। ਵਿਦਿਆ ਦੇ ਵੱਟੇ ਆਤਮਕ ਮੌਤ ਲਿਆਉਣ ਵਾਲੀ) ਮਾਇਆ-ਜ਼ਹਿਰ ਹੀ ਖੱਟਦਾ ਕਮਾਂਦਾ ਹੈ।

40175	938	ਮੂਰਖੁ ਸਬਦੁ ਨ ਚੀਨਈ ਸੂਝ ਬੂਝ ਨਹ ਕਾਇ॥੫੩॥		Moorakh Sabadh N Cheenee Soojh Boojh Neh Kaae ||53||	The fool does not think of the Word of the Shabad. He has no understanding, no comprehension. ||53||	ਉਹ ਮੂਰਖ ਗੁਰੂ ਦੇ ਸ਼ਬਦ ਨੂੰ ਨਹੀਂ ਪਛਾਣਦਾ, ਸ਼ਬਦ ਦੀ ਸੁਧ-ਬੁਧ ਉਸ ਨੂੰ ਰਤਾ ਭੀ ਨਹੀਂ ਹੁੰਦੀ ॥੫੩॥
40176	938	ਪਾਧਾ ਗੁਰਮੁਖਿ ਆਖੀਐ ਚਾਟੜਿਆ ਮਤਿ ਦੇਇ॥		Paadhhaa Guramukh Aakheeai Chaattarriaa Math Dhaee ||	That Pandit is called Gurmukh, who imparts understanding to his students.	ਉਹ ਪਾਂਧਾ ਗੁਰਮੁਖਿ ਆਖਣਾ ਚਾਹੀਦਾ ਹੈ, (ਉਹ ਪਾਂਧਾ) ਦੁਨੀਆ ਵਿਚ (ਅਸਲ) ਨਫ਼ਾ ਖੱਟਦਾ ਹੈ ਜੋ ਆਪਣੇ ਸ਼ਾਗਿਰਦਾਂ ਨੂੰ ਇਹ ਸਿੱਖਿਆ ਦੇਂਦਾ ਹੈ,
40177	938	ਨਾਮੁ ਸਮਾਲਹੁ ਨਾਮੁ ਸੰਗਰਹੁ ਲਾਹਾ ਜਗ ਮਹਿ ਲੇਇ॥		Naam Samaalahu Naam Sangarahu Laahaa Jag Mehi Laee ||	Contemplate the Naam, the Name of the Lord; gather in the Naam, and earn the true profit in this world.	ਕਿ (ਹੇ ਵਿੱਦਿਆਰਥੀਓ!) ਪ੍ਰਭੂ ਦਾ ਨਾਮ ਜਪੋ ਅਤੇ ਨਾਮ-ਧਨ ਇਕੱਠਾ ਕਰੋ।
40178	938	ਸਚੀ ਪਟੀ ਸਚੁ ਮਨਿ ਪੜੀਐ ਸਬਦੁ ਸੁ ਸਾਰੁ॥	ਸ਼ਰਧਾ ਰੂਪੀ ਸੱਚੀ ਪੱਟੀ	Sachee Pattee Sach Man Parreeai Sabadh S Saar ||	With the true notebook of the true mind, study the most sublime Word of the Shabad.	ਸੱਚਾ ਪ੍ਰਭੂ ਮਨ ਵਿਚ ਵੱਸ ਪੈਣਾ- ਇਹੀ ਸੱਚੀ ਪੱਟੀ ਹੈ (ਜੋ ਪਾਂਧਾ ਆਪਣੇ ਚਾਟੜਿਆਂ ਨੂੰ ਪੜ੍ਹਾਏ)। (ਪ੍ਰਭੂ ਨੂੰ ਹਿਰਦੇ ਵਿਚ ਵਸਾਣ ਲਈ) ਸਤਿਗੁਰੂ ਦਾ ਸ੍ਰੇਸ਼ਟ ਸ਼ਬਦ ਪੜ੍ਹਨਾ ਚਾਹੀਦਾ ਹੈ।

40179	938	ਨਾਨਕ ਸੋ ਪੜਿਆ ਸੋ ਪੰਡਿਤੁ ਬੀਨਾ ਜਿਸੁ ਰਾਮ ਨਾਮੁ ਗਲਿ ਹਾਰੁ॥੫੪॥੧॥	ਪੜ੍ਹਿਆ	Naanak So Parriaa So Panddith Beenaa Jis Raam Naam Gal Haar ||54||1||	O Nanak, he alone is learned, and he alone is a wise Pandit, who wears the necklace of the Lord's Name. ||54||1||	ਹੇ ਨਾਨਕ! ਉਹੀ ਮਨੁੱਖ ਵਿਦਵਾਨ ਹੈ ਉਹੀ ਪੰਡਿਤ ਹੈ ਤੇ ਸਿਆਣਾ ਹੈ ਜਿਸ ਦੇ ਗਲ ਵਿਚ ਪ੍ਰਭੂ ਦਾ ਨਾਮ-ਰੂਪ ਹਾਰ ਹੈ (ਭਾਵ, ਜੋ ਹਰ ਵੇਲੇ ਪ੍ਰਭੂ ਨੂੰ ਚੇਤੇ ਰੱਖਦਾ ਹੈ ਤੇ ਹਰ ਥਾਂ ਵੇਖਦਾ ਹੈ) ॥੫੪॥੧॥
40180	938	ਰਾਮਕਲੀ ਮਹਲਾ ੧ ਸਿਧਗੋਸਟਿ	ਸਿੱਧਗੋਸਟਿ ਬਾਣੀ ਦਾ ਨਾਮ ਹੈ।	Raamakalee Mehalaa 1 Sidhh Gosatti	Raamkalee, First Mehl, Sidh Gosht ~ Conversations With The Siddhas:	ਰਾਗ ਰਾਮਕਲੀ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਸਿਧ ਗੋਸਟਿ'।
40181	938	ੴ ਸਤਿਗੁਰ ਪ੍ਰਸਾਦਿ ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
40182	938	ਸਿਧ ਸਭਾ ਕਰਿ ਆਸਣਿ ਬੈਠੇ ਸੰਤ ਸਭਾ ਜੈਕਾਰੋ॥	ਸਿੱਧ। ਸਭਾ: ਪੋਲਾ ਬੋਲੋ	Sidhh Sabhaa Kar Aasan Baithae Santh Sabhaa Jaikaaro ||	The Siddhas formed an assembly; sitting in their Yogic postures, they shouted, ""Salute this gathering of Saints.""	(ਸਾਡੀ) ਨਮਸਕਾਰ ਉਹਨਾਂ ਸੰਤਾਂ ਦੀ ਸਭਾ ਨੂੰ ਹੈ ਜੋ 'ਰੱਬੀ ਮਜਲਸ' (ਸਤਸੰਗ) ਬਣਾ ਕੇ ਅਡੋਲ ਬੈਠੇ ਹਨ;
40183	938	ਤਿਸੁ ਆਗੈ ਰਹਰਾਸਿ ਹਮਾਰੀ ਸਾਚਾ ਅਪਰ ਅਪਾਰੋ॥		This Aagai Reharaas Hamaaree Saachaa Apar Apaaro ||	I offer my salutation to the One who is true, infinite and incomparably beautiful.	ਸਾਡੀ ਅਰਦਾਸ ਉਸ ਸੰਤ-ਸਭਾ ਅੱਗੇ ਹੈ ਜਿਸ ਵਿਚ ਸਦਾ ਕਾਇਮ ਰਹਿਣ ਵਾਲਾ ਅਪਰ ਅਪਾਰ ਪ੍ਰਭੂ (ਪ੍ਰਤੱਖ ਵੱਸਦਾ) ਹੈ।

40184	938	ਮਸਤਕੁ ਕਾਟਿ ਧਰੀ ਤਿਸੁ ਆਗੈ ਤਨੁ ਮਨੁ ਆਗੈ ਦੇਉ॥		Masathak Kaatt Dhharee This Aagai Than Man Aagai Dhaeo ||	I cut off my head, and offer it to Him; I dedicate my body and mind to Him.	ਮੈਂ ਉਸ ਸੰਤ-ਸਭਾ ਅੱਗੇ ਸਿਰ ਕੱਟ ਕੇ ਧਰ ਦਿਆਂ, ਤਨ ਤੇ ਮਨ ਭੇਟਾ ਰੱਖ ਦਿਆਂ,
40185	938	ਨਾਨਕ ਸੰਤੁ ਮਿਲੈ ਸਚੁ ਪਾਈਐ ਸਹਜ ਭਾਇ ਜਸੁ ਲੇਉ॥੧॥		Naanak Santh Milai Sach Paaeeai Sehaj Bhaae Jas Laeo ||1||	O Nanak, meeting with the Saints, Truth is obtained, and one is spontaneously blessed with distinction. ||1||	(ਤਾਕਿ) ਸੁਖੈਨ ਹੀ ਪ੍ਰਭੂ ਦੇ ਗੁਣ ਗਾ ਸਕਾਂ; (ਕਿਉਂਕਿ) ਹੇ ਨਾਨਕ! ਸੰਤ ਮਿਲ ਪਏ ਤਾਂ ਰੱਬ ਮਿਲ ਪੈਂਦਾ ਹੈ ॥੧॥
40186	938	ਕਿਆ ਭਵੀਐ ਸਚਿ ਸੂਚਾ ਹੋਇ॥		Kiaa Bhaveeai Sach Soochaa Hoe ||	What is the use of wandering around? Purity comes only through Truth.	(ਹੇ ਚਰਪਟ! ਦੇਸ-ਦੇਸਾਂਤਰਾਂ ਅਤੇ ਤੀਰਥਾਂ ਤੇ) ਭੌਣ ਦਾ ਕੀਹ ਲਾਭ? ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਜੁੜਿਆਂ ਹੀ ਪਵਿਤ੍ਰ ਹੋਈਦਾ ਹੈ;
40187	938	ਸਾਚ ਸਬਦ ਬਿਨੁ ਮੁਕਤਿ ਨ ਕੋਇ॥੧॥ਰਹਾਉ॥		Saach Sabadh Bin Mukath N Koe ||1|| Rehaao ||	Without the True Word of the Shabad, no one finds liberation. ||1||Pause||	(ਸਤਿਗੁਰੂ ਦੇ) ਸੱਚੇ ਸ਼ਬਦ ਤੋਂ ਬਿਨਾ ("ਦੁਨੀਆ ਸਾਗਰ ਦੁਤਰ ਤੋਂ") ਖ਼ਲਾਸੀ ਨਹੀਂ ਹੁੰਦੀ ॥੧॥ ਰਹਾਉ ॥
40188	938	ਕਵਨ ਤੁਮੇ ਕਿਆ ਨਾਉ ਤੁਮਾਰਾ ਕਉਨੁ ਮਾਰਗੁ ਕਉਨੁ ਸੁਆਓ॥		Kavan Thumae Kiaa Naao Thumaaraa Koun Maarag Koun Suaaou ||	"Who are you? What is your name? What is your way? What is your goal?	ਤੁਮੇ = ਅੱਖਰ 'ਮ' ਦੇ ਨਾਲ ਅੱਧਾ 'ਹ' ਹੈ। ਮਾਰਗੁ = ਰਸਤਾ, ਪੰਥ, ਮਤ। ਸੁਆਓ = ਮਨੋਰਥ, ਪ੍ਰਯੋਜਨ।

40189	938	ਸਾਚੁ ਕਹਉ ਅਰਦਾਸਿ ਹਮਾਰੀ ਹਉ ਸੰਤ ਜਨਾ ਬਲਿ ਜਾਓ॥		Saach Keho Aradhaas Hamaaree Ho Santh Janaa Bal Jaaou ||	We pray that you will answer us truthfully; we are a sacrifice to the humble Saints.	(ਗੁਰੂ ਨਾਨਕ ਦੇਵ ਜੀ ਦਾ ਉੱਤਰ-) ਮੈਂ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨੂੰ ਜਪਦਾ ਹਾਂ, ਸਾਡੀ (ਪ੍ਰਭੂ ਅਗੇ ਹੀ ਸਦਾ) ਅਰਦਾਸਿ ਹੈ ਤੇ ਮੈਂ ਸੰਤ ਜਨਾਂ ਤੋਂ ਸਦਕੇ ਜਾਂਦਾ ਹਾਂ (ਬੱਸ! ਇਹ ਮੇਰਾ ਮਤ ਹੈ)।
40190	938	ਕਹ ਬੈਸਹੁ ਕਹ ਰਹੀਐ ਬਾਲੇ ਕਹ ਆਵਹੁ ਕਹ ਜਾਹੋ॥		Keh Baisahu Keh Reheeai Baalae Keh Aavahu Keh Jaaho ||	Where is your seat? Where do you live, boy? Where did you come from, and where are you going?	(ਚਰਪਟ ਦਾ ਪ੍ਰਸ਼ਨ) ਹੇ ਬਾਲਕ! ਤੁਸੀ ਕਿਸ ਦੇ ਆਸਰੇ ਸ਼ਾਂਤ-ਚਿੱਤ ਹੋ? ਤੁਹਾਡੀ ਸੁਰਤ ਕਿਸ ਵਿਚ ਜੁੜਦੀ ਹੈ? ਕਿੱਥੋਂ ਆਉਂਦੇ ਹੋ? ਕਿੱਥੇ ਜਾਂਦੇ ਹੋ?
40191	938	ਨਾਨਕੁ ਬੋਲੈ ਸੁਣਿ ਬੈਰਾਗੀ ਕਿਆ ਤੁਮਾਰਾ ਰਾਹੋ॥੨॥		Naanak Bolai Sun Bairaagee Kiaa Thumaaraa Raaho ||2||	Tell us, Nanak - the detached Siddhas wait to hear your reply. What is your path?""||2||	ਨਾਨਕ ਆਖਦਾ ਹੈ ਕਿ ਚਰਪਟ ਨੇ ਪੁੱਛਿਆ- ਹੇ ਸੰਤ! ਸੁਣ, ਤੇਰਾ ਕੀਹ ਮਤ ਹੈ? ॥੨॥
40192	938	ਘਟਿ ਘਟਿ ਬੈਸਿ ਨਿਰੰਤਰਿ ਰਹੀਐ ਚਾਲਹਿ ਸਤਿਗੁਰ ਭਾਏ॥		Ghatt Ghatt Bais Niranthar Reheeai Chaalehi Sathigur Bhaaeae ||	He dwells deep within the nucleus of each and every heart. This is my seat and my home. I walk in harmony with the Will of the True Guru.	(ਸਤਿਗੁਰੂ ਜੀ ਦਾ ਉੱਤਰ-) (ਹੇ ਚਰਪਟ!) ਸਰਬ-ਵਿਆਪਕ ਪ੍ਰਭੂ (ਦੀ ਯਾਦ) ਵਿਚ ਜੁੜ ਕੇ ਸਦਾ ਸ਼ਾਂਤ-ਚਿੱਤ ਰਹੀਦਾ ਹੈ। ਅਸੀਂ ਸਤਿਗੁਰੂ ਦੀ ਮਰਜ਼ੀ ਵਿਚ ਚੱਲਦੇ ਹਾਂ।

40193	938	ਸਹਜੇ ਆਏ ਹੁਕਮਿ ਸਿਧਾਏ ਨਾਨਕ ਸਦਾ ਰਜਾਏ॥		Sehajae Aaeae Hukam Sidhhaaeae Naanak Sadhaa Rajaaeae ||	I came from the Celestial Lord God; I go wherever He orders me to go. I am Nanak, forever under the Command of His Will.	ਹੇ ਨਾਨਕ! ਪ੍ਰਭੂ ਦੇ ਹੁਕਮ ਵਿਚ ਸੁਤੇ ਹੀ (ਜਗਤ ਵਿਚ) ਆਏ, ਹੁਕਮ ਵਿਚ ਵਿਚਰ ਰਹੇ ਹਾਂ, ਸਦਾ ਉਸ ਦੀ ਰਜ਼ਾ ਵਿਚ ਹੀ ਰਹਿੰਦੇ ਹਾਂ।
40194	938	ਆਸਣਿ ਬੈਸਣਿ ਥਿਰੁ ਨਾਰਾਇਣੁ ਐਸੀ ਗੁਰਮਤਿ ਪਾਏ॥		Aasan Baisan Thhir Naaraaein Aisee Guramath Paaeae ||	I sit in the posture of the eternal, imperishable Lord. These are the Teachings I have received from the Guru.	(ਪੱਕੇ) ਆਸਣ ਵਾਲਾ, (ਸਦਾ) ਟਿਕੇ ਰਹਿਣ ਵਾਲਾ ਤੇ ਕਾਇਮ ਰਹਿਣ ਵਾਲਾ ਪ੍ਰਭੂ ਆਪ ਹੀ ਹੈ, ਅਸਾਂ ਇਹੀ ਗੁਰ-ਸਿੱਖਿਆ ਲਈ ਹੈ।
40195	938	ਗੁਰਮੁਖਿ ਬੂਝੈ ਆਪੁ ਪਛਾਣੈ ਸਚੇ ਸਚਿ ਸਮਾਏ॥੩॥		Guramukh Boojhai Aap Pashhaanai Sachae Sach Samaaeae ||3||	As Gurmukh, I have come to understand and realize myself; I merge in the Truest of the True. ||3||	ਗੁਰੂ ਦੇ ਦੱਸੇ ਰਾਹ ਤੇ ਤੁਰਨ ਵਾਲਾ ਮਨੁੱਖ ਗਿਆਨਵਾਨ ਹੋ ਜਾਂਦਾ ਹੈ, ਆਪਣੇ ਆਪ ਨੂੰ ਪਛਾਣਦਾ ਹੈ, ਤੇ, ਸਦਾ ਸੱਚੇ ਪ੍ਰਭੂ ਵਿਚ ਜੁੜਿਆ ਰਹਿੰਦਾ ਹੈ ॥੩॥
40196	938	ਦੁਨੀਆ ਸਾਗਰੁ ਦੁਤਰੁ ਕਹੀਐ ਕਿਉ ਕਰਿ ਪਾਈਐ ਪਾਰੋ॥	ਦੁੱਤ-ਰੁ	Dhuneeaa Saagar Dhuthar Keheeai Kio Kar Paaeeai Paaro ||	"The world-ocean is treacherous and impassable; how can one cross over?	ਦੁਤਰੁ = ਦੁੱਤਰੁ, ਦੁਸ-ਤੁਰ, ਜਿਸ ਨੂੰ ਤਰਨਾ ਔਖਾ ਹੈ। ਕਿਉਕਰਿ = ਕਿਵੇਂ? ਕਿਸ ਤਰ੍ਹਾਂ? ਪਾਰੋ = ਪਾਰਲਾ ਕੰਢਾ।

40197	938	ਚਰਪਟੁ ਬੋਲੈ ਅਉਧੂ ਨਾਨਕ ਦੇਹੁ ਸਚਾ ਬੀਚਾਰੋ॥	(ਅਉਧੂ) ਸੁੱਧ ਵਿਰਕਤ	Charapatt Bolai Aoudhhoo Naanak Dhaehu Sachaa Beechaaro ||	Charpat the Yogi says, O Nanak, think it over, and give us your true reply.""	ਚਰਪਟ ਆਖਦਾ ਹੈ (ਭਾਵ, ਚਰਪਟ ਨੇ ਆਖਿਆ) ਹੇ ਵਿਰਕਤ ਨਾਨਕ! ਠੀਕ ਵਿਚਾਰ ਦੱਸ।
40198	938	ਆਪੇ ਆਖੈ ਆਪੇ ਸਮਝੈ ਤਿਸੁ ਕਿਆ ਉਤਰੁ ਦੀਜੈ॥	ਉੱਤਰੁ	Aapae Aakhai Aapae Samajhai This Kiaa Outhar Dheejai ||	What answer can I give to someone, who claims to understand himself?	He who says that he himself understands; what answer can I give him?
40199	938	ਸਾਚੁ ਕਹਹੁ ਤੁਮ ਪਾਰਗਰਾਮੀ ਤੁਝੁ ਕਿਆ ਬੈਸਣੁ ਦੀਜੈ॥੪॥	ਪਾਰ-ਗਰਾਮੀ ਸਮੂੰਹ ਸੰਸਾਰ ਤੋਂ ਪਾਰ ਹੋਏ। ਉੱਤ੍ਰ ਪ੍ਰਸ਼ਨ, ਉੱਠਦੇ ਨੂੰ ਬਿਠਾ ਦੇਣ ਵਾਲੇ ਉੱਤ੍ਰ ਦਾ ਨਾਮ ਬੈਸਣੁ ਹੈ	Saach Kehahu Thum Paaragaraamee Thujh Kiaa Baisan Dheejai ||4||	I speak the Truth; if you have already crossed over, how can I argue with you? ||4||	(ਇਸ ਵਾਸਤੇ, ਹੇ ਚਰਪਟ!) ਤੇਰੇ (ਪ੍ਰਸ਼ਨ) ਵਿਚ ਕੋਈ ਉਕਾਈ ਲੱਭਣ ਦੀ ਲੋੜ ਨਹੀਂ, (ਉਂਝ ਉੱਤਰ ਇਹ ਹੈ ਕਿ) ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨੂੰ ਜਪੋ ਤਾਂ ਤੁਸੀਂ (ਇਸ 'ਦੁਤਰੁ ਸਾਗਰੁ' ਤੋਂ) ਪਾਰ ਲੰਘ ਜਾਉਗੇ ॥੪॥
40200	938	ਜੈਸੇ ਜਲ ਮਹਿ ਕਮਲੁ ਨਿਰਾਲਮੁ ਮੁਰਗਾਈ ਨੈ ਸਾਣੇ॥	(ਨੈ) ਨਦੀ। (ਸਾਣੇ) ਜਿਵੇਂ ਸਾਹਮਣੇ (ਦੁਜਾ ਪਾਠ ਨੈਸਾਣੇ)	Jaisae Jal Mehi Kamal Niraalam Muragaaee Nai Saanae ||	The lotus flower floats untouched upon the surface of the water, and the duck swims through the stream;	ਜਿਵੇਂ ਪਾਣੀ ਵਿਚ (ਉੱਗਿਆ ਹੋਇਆ) ਕੌਲ ਫੁੱਲ (ਪਾਣੀ ਨਾਲੋਂ) ਨਿਰਾਲਾ ਰਹਿੰਦਾ ਹੈ, ਜਿਵੇਂ ਨਦੀ ਵਿਚ (ਤਰਦੀ) ਮੁਰਗਾਈ (ਭਾਵ, ਉਸ ਦੇ ਖੰਭ ਪਾਣੀ ਨਾਲ ਨਹੀਂ ਭਿੱਜਦੇ, ਇਸੇ ਤਰ੍ਹਾਂ)

40201	938	ਸੁਰਤਿ ਸਬਦਿ ਭਵ ਸਾਗਰੁ ਤਰੀਐ ਨਾਨਕ ਨਾਮੁ ਵਖਾਣੇ॥		Surath Sabadh Bhav Saagar Thareeai Naanak Naam Vakhaanae ||	With one's consciousness focused on the Word of the Shabad, one crosses over the terrifying world-ocean. O Nanak, chant the Naam, the Name of the Lord.	ਹੇ ਨਾਨਕ! ਗੁਰੂ ਦੇ ਸ਼ਬਦ ਵਿਚ ਸੁਰਤ (ਜੋੜ ਕੇ) ਨਾਮ ਜਪਿਆਂ ਸੰਸਾਰ-ਸਮੁੰਦਰ ਤਰ ਸਕੀਦਾ ਹੈ।
40202	938	ਰਹਹਿ ਇਕਾਂਤਿ ਏਕੋ ਮਨਿ ਵਸਿਆ ਆਸਾ ਮਾਹਿ ਨਿਰਾਸੋ॥		Rehehi Eikaanth Eaeko Man Vasiaa Aasaa Maahi Niraaso ||	One who lives alone, as a hermit, enshrining the One Lord in his mind, remaining unaffected by hope in the midst of hope,	(ਜੋ ਮਨੁੱਖ ਸੰਸਾਰ ਦੀਆਂ) ਆਸਾਂ ਵਲੋਂ ਨਿਰਾਸ ਰਹਿੰਦੇ ਹਨ, ਜਿਨ੍ਹਾਂ ਦੇ ਮਨ ਵਿਚ ਇਕ ਪ੍ਰਭੂ ਹੀ ਵੱਸਦਾ ਹੈ (ਉਹ ਸੰਸਾਰ ਵਿਚ ਰਹਿੰਦੇ ਹੋਏ ਭੀ ਸੰਸਾਰ ਤੋਂ ਲਾਂਭੇ) ਇਕਾਂਤ ਵਿਚ ਵੱਸਦੇ ਹਨ।
40203	938	ਅਗਮੁ ਅਗੋਚਰੁ ਦੇਖਿ ਦਿਖਾਏ ਨਾਨਕੁ ਤਾ ਕਾ ਦਾਸੋ॥੫॥		Agam Agochar Dhaekh Dhikhaaeae Naanak Thaa Kaa Dhaaso ||5||	Sees and inspires others to see the inaccessible, unfathomable Lord. Nanak is his slave. ||5||	(ਅਜੇਹੇ ਜੀਵਨ ਵਾਲਾ ਜੋ ਮਨੁੱਖ) ਅਗੰਮ ਤੇ ਅਗੋਚਰ ਪ੍ਰਭੂ ਦਾ ਦਰਸ਼ਨ ਕਰ ਕੇ ਹੋਰਨਾਂ ਨੂੰ ਦਰਸ਼ਨ ਕਰਾਂਦਾ ਹੈ, ਨਾਨਕ ਉਸ ਦਾ ਦਾਸ ਹੈ ॥੫॥
40204	938	ਸੁਣਿ ਸੁਆਮੀ ਅਰਦਾਸਿ ਹਮਾਰੀ ਪੂਛਉ ਸਾਚੁ ਬੀਚਾਰੋ॥		Sun Suaamee Aradhaas Hamaaree Pooshho Saach Beechaaro ||	"Listen, Lord, to our prayer. We seek your true opinion.	ਗੁੱਸਾ ਨਾਹ ਕਰਨਾ, ਉੱਤਰ ਦੇਣਾ ਕਿ ਗੁਰੂ ਦਾ ਦਰ ਕਿਵੇਂ ਪ੍ਰਾਪਤ ਹੁੰਦਾ ਹੈ? (ਭਾਵ, ਕਿਵੇਂ ਪਤਾ ਲੱਗੇ ਕਿ ਗੁਰੂ ਦਾ ਦਰ ਪ੍ਰਾਪਤ ਹੋ ਗਿਆ ਹੈ)?

40205	938	ਰੋਸੁ ਨ ਕੀਜੈ ਉਤਰੁ ਦੀਜੈ ਕਿਉ ਪਾਈਐ ਗੁਰ ਦੁਆਰੋ॥		Ros N Keejai Outhar Dheejai Kio Paaeeai Gur Dhuaaro ||	Don't be angry with us - please tell us: How can we find the Guru's Door?"	
40206	938	ਇਹੁ ਮਨੁ ਚਲਤਉ ਸਚ ਘਰਿ ਬੈਸੈ ਨਾਨਕ ਨਾਮੁ ਅਧਾਰੋ॥		Eihu Man Chalatho Sach Ghar Baisai Naanak Naam Adhhaaro ||	This fickle mind sits in its true home, O Nanak, through the Support of the Naam, the Name of the Lord.	(ਉੱਤਰ:) (ਜਦੋਂ ਸੱਚ-ਮੁਚ ਗੁਰੂ ਦਾ ਦਰ ਪ੍ਰਾਪਤ ਹੋ ਜਾਂਦਾ ਹੈ ਤਦੋਂ) ਹੇ ਨਾਨਕ! ਇਹ ਚੰਚਲ ਮਨ ਪ੍ਰਭੂ ਦੀ ਯਾਦ ਵਿਚ ਜੁੜਿਆ ਰਹਿੰਦਾ ਹੈ, (ਪ੍ਰਭੂ ਦਾ) ਨਾਮ (ਜ਼ਿੰਦਗੀ ਦਾ) ਆਸਰਾ ਹੋ ਜਾਂਦਾ ਹੈ।
40207	938	ਆਪੇ ਮੇਲਿ ਮਿਲਾਏ ਕਰਤਾ ਲਾਗੈ ਸਾਚਿ ਪਿਆਰੋ॥੬॥		Aapae Mael Milaaeae Karathaa Laagai Saach Piaaro ||6||	The Creator Himself unites us in Union, and inspires us to love the Truth. ||6||	(ਪਰ ਇਹੋ ਜਿਹਾ) ਪਿਆਰ ਸੱਚੇ ਪ੍ਰਭੂ ਵਿਚ (ਤਦੋਂ ਹੀ) ਲੱਗਦਾ ਹੈ (ਜਦੋਂ) ਕਰਤਾਰ ਆਪ (ਜੀਵ ਨੂੰ) ਆਪਣੀ ਯਾਦ ਵਿਚ ਜੋੜ ਲੈਂਦਾ ਹੈ ॥੬॥
40208	938	ਹਾਟੀ ਬਾਟੀ ਰਹਹਿ ਨਿਰਾਲੇ ਰੂਖਿ ਬਿਰਖਿ ਉਦਿਆਨੇ॥		Haattee Baattee Rehehi Niraalae Rookh Birakh Oudhiaanae ||	"Away from stores and highways, we live in the woods, among plants and trees.	ਗੋਰਖ ਪੂਤੁ = ਗੋਰਖਨਾਥ ਦਾ ਚੇਲਾ। ਸਾਈ = ਇਹੀ ॥੭॥

40209	938	ਕੰਦ ਮੂਲੁ ਅਹਾਰੋ ਖਾਈਐ ਅਉਧੂ ਬੋਲੈ ਗਿਆਨੇ॥		Kandh Mool Ahaaro Khaaeeai Aoudhhoo Bolai Giaanae ||	For food, we take fruits and roots. This is the spiritual wisdom spoken by the renunciates.	
40210	939	ਤੀਰਥਿ ਨਾਈਐ ਸੁਖੁ ਫਲੁ ਪਾਈਐ ਮੈਲੁ ਨ ਲਾਗੈ ਕਾਈ॥	ਨ੍ਹਾਈਐ	Theerathh Naaeeai Sukh Fal Paaeeai Mail N Laagai Kaaee ||	We bathe at sacred shrines of pilgrimage, and obtain the fruits of peace; not even an iota of filth sticks to us.	
40211	939	ਗੋਰਖ ਪੂਤੁ ਲੋਹਾਰੀਪਾ ਬੋਲੈ ਜੋਗ ਜੁਗਤਿ ਬਿਧਿ ਸਾਈ॥੭॥	(ਪੂਤੁ) ਚੇਲਾ। ਲੋਹਾ-ਰੀਪਾ ਸਿੱਧ ਹੈ।ਬਿਧਿ: ਪੋਲਾ ਬੋਲੋ	Gorakh Pooth Lohaareepaa Bolai Jog Jugath Bidhh Saaee ||7||	Luhaareepaa, the disciple of Gorakh says, this is the Way of Yoga.""||7||	
40212	939	ਹਾਟੀ ਬਾਟੀ ਨੀਦ ਨ ਆਵੈ ਪਰ ਘਰਿ ਚਿਤੁ ਨ ਡੋਲਾਈ॥		Haattee Baattee Needh N Aavai Par Ghar Chith N Dduolaaee ||	In the stores and on the road, do not sleep; do not let your consciousness covet anyone else's home.	(ਗੁਰੂ ਜੀ ਦਾ ਕਥਨ) ਹੇ ਨਾਨਕ! ਅਸਲ (ਗਿਆਨ ਦੀ) ਵਿਚਾਰ ਇਹ ਹੈ ਕਿ ਦੁਨੀਆ ਦੇ ਧੰਧਿਆਂ ਵਿਚ ਰਹਿੰਦਿਆਂ ਮਨੁੱਖ ਨੂੰ ਨੀਂਦ ਨਾਹ ਆਵੇ (ਭਾਵ, ਧੰਧਿਆਂ ਵਿਚ ਹੀ ਨਾਹ ਗ਼ਰਕ ਹੋ ਜਾਏ), ਪਰਾਏ ਘਰ ਵਿਚ ਮਨ ਨੂੰ ਡੋਲਣ ਨਾਹ ਦੇਵੇ;

40213	939	ਬਿਨੁ ਨਾਵੈ ਮਨੁ ਟੇਕ ਨ ਟਿਕਈ ਨਾਨਕ ਭੂਖ ਨ ਜਾਈ॥		Bin Naavai Man Ttaek N Ttikee Naanak Bhookh N Jaaee ||	Without the Name, the mind has no firm support; O Nanak, this hunger never departs.	(ਪਰ) ਹੇ ਨਾਨਕ! ਪ੍ਰਭੂ ਦੇ ਨਾਮ ਤੋਂ ਬਿਨਾ ਮਨ ਟਿਕ ਕੇ ਨਹੀਂ ਰਹਿ ਸਕਦਾ ਤੇ (ਮਾਇਆ ਦੀ) ਤ੍ਰਿਸ਼ਨਾ ਹਟਦੀ ਨਹੀਂ।
40214	939	ਹਾਟੁ ਪਟਣੁ ਘਰੁ ਗੁਰੂ ਦਿਖਾਇਆ ਸਹਜੇ ਸਚੁ ਵਾਪਾਰੋ॥	ਪਟਣੁ: ਪੋਲਾ ਬੋਲੋ	Haatt Pattan Ghar Guroo Dhikhaaeiaa Sehajae Sach Vaapaaro ||	The Guru has revealed the stores and the city within the home of my own heart, where I intuitively carry on the true trade.	(ਜਿਸ ਮਨੁੱਖ ਨੂੰ) ਸਤਿਗੁਰੂ ਨੇ (ਨਾਮ ਵਿਹਾਝਣ ਦਾ ਅਸਲ) ਟਿਕਾਣਾ, ਸ਼ਹਿਰ ਤੇ ਘਰ ਵਿਖਾ ਦਿੱਤਾ ਹੈ ਉਹ (ਦੁਨੀਆ ਦੇ ਧੰਧਿਆਂ ਵਿਚ ਭੀ) ਅਡੋਲ ਰਹਿ ਕੇ 'ਨਾਮ' ਵਿਹਾਝਦਾ ਹੈ।
40215	939	ਖੰਡਿਤ ਨਿਦ੍ਰਾ ਅਲਪ ਅਹਾਰੰ ਨਾਨਕ ਤਤੁ ਬੀਚਾਰੋ॥੮॥		Khanddith Nidhraa Alap Ahaaran Naanak Thath Beechaaro ||8||	Sleep little, and eat little; O Nanak, this is the essence of wisdom. ||8||	ਉਸ ਮਨੁੱਖ ਦੀ ਨੀਂਦ ਭੀ ਘੱਟ ਤੇ ਖ਼ੁਰਾਕ ਭੀ ਥੋੜ੍ਹੀ ਹੁੰਦੀ ਹੈ। (ਭਾਵ, ਉਹ ਚਸਕਿਆਂ ਵਿਚ ਨਹੀਂ ਪੈਂਦਾ) ॥੮॥
40216	939	ਦਰਸਨੁ ਭੇਖ ਕਰਹੁ ਜੋਗਿੰਦ੍ਰਾ ਮੁੰਦ੍ਰਾ ਝੋਲੀ ਖਿੰਥਾ॥		Dharasan Bhaekh Karahu Jogindhraa Mundhraa Jholee Khinthhaa ||	"Wear the robes of the sect of Yogis who follow Gorakh; put on the ear-rings, begging wallet and patched coat.	ਪੁਰਖਾ = ਹੇ ਪੁਰਖ ਨਾਨਕ!

40217	939	ਬਾਰਹ ਅੰਤਰਿ ਏਕੁ ਸਰੇਵਹੁ ਖਟੁ ਦਰਸਨ ਇਕ ਪੰਥਾ॥		Baareh Anthar Eaek Saraevahu Khatt Dharasan Eik Panthhaa ||	Among the twelve schools of Yoga, ours is the highest; among the six schools of philosophy, ours is the best path.	
40218	939	ਇਨ ਬਿਧਿ ਮਨੁ ਸਮਝਾਈਐ ਪੁਰਖਾ ਬਾਹੁੜਿ ਚੋਟ ਨ ਖਾਈਐ॥		Ein Bidhh Man Samajhaaeeai Purakhaa Baahurr Chott N Khaaeeai ||	This is the way to instruct the mind, so you will never suffer beatings again.""	
40219	939	ਨਾਨਕੁ ਬੋਲੈ ਗੁਰਮੁਖਿ ਬੂਝੈ ਜੋਗ ਜੁਗਤਿ ਇਵ ਪਾਈਐ॥੯॥		Naanak Bolai Guramukh Boojhai Jog Jugath Eiv Paaeeai ||9||	Nanak speaks: the Gurmukh understands; this is the way that Yoga is attained. ||9||	(ਉੱਤਰ:) ਨਾਨਕ ਆਖਦਾ ਹੈ ਕਿ ਗੁਰੂ ਦੇ ਸਨਮੁਖ ਹੋਇਆਂ ਮਨੁੱਖ (ਮਨ ਨੂੰ ਸਮਝਾਣ ਦਾ ਢੰਗ) ਸਮਝਦਾ ਹੈ, ਜੋਗ ਦੀ ਜੁਗਤਿ ਇਸ ਤਰ੍ਹਾਂ ਲੱਭਦੀ ਹੈ (ਕਿ) ॥੯॥
40220	939	ਅੰਤਰਿ ਸਬਦੁ ਨਿਰੰਤਰਿ ਮੁਦ੍ਰਾ ਹਉਮੈ ਮਮਤਾ ਦੂਰਿ ਕਰੀ॥		Anthar Sabadh Niranthar Mudhraa Houmai Mamathaa Dhoor Karee ||	Let constant absorption in the Word of the Shabad deep within be your ear-rings; eradicate egotism and attachment.	ਮਨ ਵਿਚ ਸਤਿਗੁਰੂ ਦੇ ਸ਼ਬਦ ਨੂੰ ਇੱਕ-ਰਸ ਵਸਾਣਾ-ਇਹ (ਕੰਨਾਂ ਵਿਚ) ਮੁੰਦ੍ਰਾਂ (ਪਾਉਣੀਆਂ) ਹਨ, (ਜੋ ਮਨੁੱਖ ਗੁਰ-ਸ਼ਬਦ ਨੂੰ ਵਸਾਂਦਾ ਹੈ ਉਹ) ਆਪਣੀ ਹਉਮੈ ਅਤੇ ਮਮਤਾ ਨੂੰ ਦੂਰ ਕਰ ਲੈਂਦਾ ਹੈ;

40221	939	ਕਾਮੁ ਕ੍ਰੋਧੁ ਅਹੰਕਾਰੁ ਨਿਵਾਰੈ ਗੁਰ ਕੈ ਸਬਦਿ ਸੁ ਸਮਝ ਪਰੀ॥	ਅਹੰ-ਕਾਰੁ	Kaam Krodhh Ahankaar Nivaarai Gur Kai Sabadh S Samajh Paree ||	Discard sexual desire, anger and egotism, and through the Word of the Guru's Shabad, attain true understanding.	ਕਾਮ, ਕ੍ਰੋਧ ਅਤੇ ਅਹੰਕਾਰ ਨੂੰ ਮਿਟਾ ਲੈਂਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਸ ਨੂੰ ਸੋਹਣੀ ਸੂਝ ਪੈ ਜਾਂਦੀ ਹੈ।
40222	939	ਖਿੰਥਾ ਝੋਲੀ ਭਰਿਪੁਰਿ ਰਹਿਆ ਨਾਨਕ ਤਾਰੈ ਏਕੁ ਹਰੀ॥	ਝੋਲੀ: ਪੋਲਾ ਬੋਲੋ	Khinthhaa Jholee Bharipur Rehiaa Naanak Thaarai Eaek Haree ||	For your patched coat and begging bowl, see the Lord God pervading and permeating everywhere; O Nanak, the One Lord will carry you across.	ਹੇ ਨਾਨਕ! ਪ੍ਰਭੂ ਨੂੰ ਸਭ ਥਾਈਂ ਵਿਆਪਕ ਸਮਝਣਾ ਉਸ ਮਨੁੱਖ ਦੀ ਗੋਦੜੀ ਤੇ ਝੋਲੀ ਹੈ।
40223	939	ਸਾਚਾ ਸਾਹਿਬੁ ਸਾਚੀ ਨਾਈ ਪਰਖੈ ਗੁਰ ਕੀ ਬਾਤ ਖਰੀ॥੧੦॥		Saachaa Saahib Saachee Naaee Parakhai Gur Kee Baath Kharee ||10||	True is our Lord and Master, and True is His Name. Analyze it, and you shall find the Word of the Guru to be True. ||10||	ਸਤਿਗੁਰੂ ਦੇ ਸੱਚੇ ਸ਼ਬਦ ਦੀ ਰਾਹੀਂ ਉਹ ਮਨੁੱਖ ਇਹ ਨਿਰਨਾ ਕਰ ਲੈਂਦਾ ਹੈ ਕਿ ਇਕ ਪਰਮਾਤਮਾ ਹੀ (ਮਾਇਆ ਦੀ ਚੋਟ ਤੋਂ) ਬਚਾਂਦਾ ਹੈ ਜੋ ਸਦਾ ਕਾਇਮ ਰਹਿਣ ਵਾਲਾ ਮਾਲਕ ਹੈ ਤੇ ਜਿਸ ਦੀ ਵਡਿਆਈ ਭੀ ਸਦਾ ਟਿਕੀ ਰਹਿਣ ਵਾਲੀ ਹੈ ॥੧੦॥

40224	939	ਊਂਧਉ ਖਪਰੁ ਪੰਚ ਭੂ ਟੋਪੀ॥	ਖੱਪਰੁ	Oonadhho Khapar Panch Bhoo Ttopee ||	Let your mind turn away in detachment from the world, and let this be your begging bowl. Let the lessons of the five elements be your cap.	ਸੰਸਾਰਕ ਖ਼ਾਹਸ਼ਾਂ ਵਲੋਂ ਮੁੜੀ ਹੋਈ ਸੁਰਤ ਉਸ (ਮਨੁੱਖ) ਦਾ ਖੱਪਰ ਹੈ, ਪੰਜ ਤੱਤਾਂ ਦੇ ਦੈਵੀ ਗੁਣ ਉਸ ਦੀ ਟੋਪੀ ਹੈ,
40225	939	ਕਾਂਇਆ ਕੜਾਸਣੁ ਮਨੁ ਜਾਗੋਟੀ॥	ਲੱਕ ਨੂੰ ਕੜਨ ਵਾਲਾ (ਕ-ੜਾਸਣੁ) ਜੰਜੀਰ	Kaaneiaa Karraasan Man Jaagottee ||	Let the body be your meditation mat, and the mind your loin cloth.	ਸਰੀਰ (ਨੂੰ ਵਿਕਾਰਾਂ ਤੋਂ ਨਿਰਮਲ ਰੱਖਣਾ) ਉਸ ਦਾ ਦੱਭ ਦਾ ਆਸਣ ਹੈ, (ਵੱਸ ਵਿਚ ਆਇਆ ਹੋਇਆ) ਮਨ ਉਸ ਦੀ ਲੰਗੋਟੀ ਹੈ,
40226	939	ਸਤੁ ਸੰਤੋਖੁ ਸੰਜਮੁ ਹੈ ਨਾਲਿ॥		Sath Santhokh Sanjam Hai Naal ||	Let truth, contentment and self-discipline be your companions.	ਸਤ ਸੰਤੋਖ ਤੇ ਸੰਜਮ ਉਸ ਦੇ ਨਾਲ (ਤਿੰਨ ਚੇਲੇ) ਹਨ
40227	939	ਨਾਨਕ ਗੁਰਮੁਖਿ ਨਾਮੁ ਸਮਾਲਿ॥੧੧॥		Naanak Guramukh Naam Samaal ||11||	O Nanak, the Gurmukh dwells on the Naam, the Name of the Lord. ||11||	ਹੇ ਨਾਨਕ! (ਜੋ ਮਨੁੱਖ) ਗੁਰੂ ਦੀ ਰਾਹੀਂ (ਪ੍ਰਭੂ ਦਾ) ਨਾਮ ਯਾਦ ਕਰਦਾ ਹੈ ॥੧੧॥
40228	939	ਕਵਨੁ ਸੁ ਗੁਪਤਾ ਕਵਨੁ ਸੁ ਮੁਕਤਾ॥		Kavan S Gupathaa Kavan S Mukathaa ||	"Who is hidden? Who is liberated?	(ਪ੍ਰਸ਼ਨ:) (ਇਹ ਜੀਵ) ਕਿਵੇਂ (ਐਸਾ) ਬੱਝਾ ਪਿਆ ਹੈ ਕਿ ਸਪਣੀ (ਮਾਇਆ ਇਸ ਨੂੰ) ਖਾਈ ਜਾ ਰਹੀ ਹੈ (ਤੇ ਇਹ ਅੱਗੋਂ ਆਪਣੇ ਬਚਾ ਲਈ ਭੱਜ ਭੀ ਨਹੀਂ ਸਕਦਾ)?
40229	939	ਕਵਨੁ ਸੁ ਅੰਤਰਿ ਬਾਹਰਿ ਜੁਗਤਾ॥		Kavan S Anthar Baahar Jugathaa ||	Who is united, inwardly and outwardly?	

40230	939	ਕਵਨੁ ਸੁ ਆਵੈ ਕਵਨੁ ਸੁ ਜਾਇ॥		Kavan S Aavai Kavan S Jaae ||	Who comes, and who goes?	
40231	939	ਕਵਨੁ ਸੁ ਤ੍ਰਿਭਵਣਿ ਰਹਿਆ ਸਮਾਇ॥੧੨॥		Kavan S Thribhavan Rehiaa Samaae ||12||	Who is permeating and pervading the three worlds?""||12||	
40232	939	ਘਟਿ ਘਟਿ ਗੁਪਤਾ ਗੁਰਮੁਖਿ ਮੁਕਤਾ॥		Ghatt Ghatt Gupathaa Guramukh Mukathaa ||	He is hidden within each and every heart. The Gurmukh is liberated.	
40233	939	ਅੰਤਰਿ ਬਾਹਰਿ ਸਬਦਿ ਸੁ ਜੁਗਤਾ॥		Anthar Baahar Sabadh S Jugathaa ||	Through the Word of the Shabad, one is united, inwardly and outwardly.	
40234	939	ਮਨਮੁਖਿ ਬਿਨਸੈ ਆਵੈ ਜਾਇ॥		Manamukh Binasai Aavai Jaae ||	The self-willed manmukh perishes, and comes and goes.	
40235	939	ਨਾਨਕ ਗੁਰਮੁਖਿ ਸਾਚਿ ਸਮਾਇ॥੧੩॥		Naanak Guramukh Saach Samaae ||13||	O Nanak, the Gurmukh merges in Truth. ||13||	
40236	939	ਕਿਉ ਕਰਿ ਬਾਧਾ ਸਰਪਨਿ ਖਾਧਾ॥		Kio Kar Baadhhaa Sarapan Khaadhhaa ||	"How is one placed in bondage, and consumed by the serpent of Maya?	

40237	939	ਕਿਉ ਕਰਿ ਖੋਇਆ ਕਿਉ ਕਰਿ ਲਾਧਾ॥		Kio Kar Khoeiaa Kio Kar Laadhhaa ||	How does one lose, and how does one gain?	(ਇਸ ਜੀਵ ਨੇ) ਕਿਵੇਂ (ਆਪਣੇ ਜੀਵਨ ਦਾ ਲਾਭ) ਗੰਵਾ ਲਿਆ ਹੈ? ਕਿਵੇਂ (ਮੁੜ ਉਹ ਲਾਹਾ) ਲੱਭ ਸਕੇ?
40238	939	ਕਿਉ ਕਰਿ ਨਿਰਮਲੁ ਕਿਉ ਕਰਿ ਅੰਧਿਆਰਾ॥		Kio Kar Niramal Kio Kar Andhhiaaraa ||	How does one become immaculate and pure? How is the darkness of ignorance removed?	(ਇਹ ਜੀਵ) ਕਿਵੇਂ ਪਵਿਤ੍ਰ ਹੋ ਸਕੇ? ਕਿਵੇਂ (ਇਸ ਦੇ ਅੱਗੇ) ਹਨੇਰਾ (ਟਿਕਿਆ ਹੋਇਆ) ਹੈ?
40239	939	ਇਹੁ ਤਤੁ ਬੀਚਾਰੈ ਸੁ ਗੁਰੂ ਹਮਾਰਾ॥੧੪॥		Eihu Thath Beechaarai S Guroo Hamaaraa ||14||	One who understands this essence of reality is our Guru.""||14||	ਜੋ ਇਸ ਅਸਲੀਅਤ ਨੂੰ (ਠੀਕ ਤਰ੍ਹਾਂ) ਵਿਚਾਰੇ, ਸਾਡੀ ਉਸ ਨੂੰ ਨਮਸਕਾਰ ਹੈ ॥੧੪॥
40240	939	ਦੁਰਮਤਿ ਬਾਧਾ ਸਰਪਨਿ ਖਾਧਾ॥		Dhuramath Baadhhaa Sarapan Khaadhhaa ||	Man is bound by evil-mindedness, and consumed by Maya, the serpent.	(ਉੱਤਰ:) (ਇਹ ਜੀਵ) ਭੈੜੀ ਮੱਤ ਵਿਚ (ਇਉਂ) ਬੱਝਾ ਪਿਆ ਹੈ ਕਿ ਸਪਣੀ (ਮਾਇਆ ਇਸ ਨੂੰ) ਖਾਈ ਜਾ ਰਹੀ ਹੈ (ਤੇ ਇਹਨਾਂ ਚਸਕਿਆਂ ਵਿਚੋਂ ਇਸ ਦਾ ਨਿਕਲਣ ਨੂੰ ਜੀ ਨਹੀਂ ਕਰਦਾ);
40241	939	ਮਨਮੁਖਿ ਖੋਇਆ ਗੁਰਮੁਖਿ ਲਾਧਾ॥		Manamukh Khoeiaa Guramukh Laadhhaa ||	The self-willed manmukh loses, and the Gurmukh gains.	ਮਨ ਦੇ ਪਿੱਛੇ ਲੱਗਣ ਵਾਲੇ ਨੇ (ਜੀਵਨ ਦਾ ਲਾਹਾ) ਗਵਾ ਲਿਆ ਹੈ, ਤੇ, ਗੁਰੂ ਦੇ ਹੁਕਮ ਵਿਚ ਤੁਰਨ ਵਾਲੇ ਨੇ ਖੱਟ ਲਿਆ ਹੈ।

40242	939	ਸਤਿਗੁਰੁ ਮਿਲੈ ਅੰਧੇਰਾ ਜਾਇ॥		Sathigur Milai Andhhaeraa Jaae ||	Meeting the True Guru, darkness is dispelled.	(ਮਾਇਆ ਦੇ ਚਸਕਿਆਂ ਦਾ) ਹਨੇਰਾ ਤਾਂ ਹੀ ਦੂਰ ਹੁੰਦਾ ਹੈ ਜੇ ਸਤਿਗੁਰੂ ਮਿਲ ਪਏ (ਭਾਵ, ਜੇ ਮਨੁੱਖ ਗੁਰੂ ਦੇ ਦੱਸੇ ਰਸਤੇ ਉਤੇ ਤੁਰਨ ਲੱਗ ਪਏ)।
40243	939	ਨਾਨਕ ਹਉਮੈ ਮੇਟਿ ਸਮਾਇ॥੧੫॥		Naanak Houmai Maett Samaae ||15||	O Nanak, eradicating egotism, one merges in the Lord. ||15||	ਹੇ ਨਾਨਕ! (ਮਨੁੱਖ) ਹਉਮੈ ਮਿਟਾ ਕੇ ਹੀ ਪ੍ਰਭੂ ਵਿਚ ਲੀਨ ਹੋ ਸਕਦਾ ਹੈ ॥੧੫॥
40244	939	ਸੁੰਨ ਨਿਰੰਤਰਿ ਦੀਜੈ ਬੰਧੁ॥		Sunn Niranthar Dheejai Bandhh ||	Focused deep within, in perfect absorption,	(ਜੇ ਮਾਇਆ ਦੇ ਹੱਲਿਆਂ ਦੇ ਰਾਹ ਵਿਚ) ਇਕ-ਰਸ ਅਫੁਰ ਪਰਮਾਤਮਾ (ਦੀ ਯਾਦ) ਦਾ ਇਕ ਅਤੁੱਟ ਬੰਨਾ ਬਣਾ ਦੇਈਏ,
40245	939	ਉਡੈ ਨ ਹੰਸਾ ਪੜੈ ਨ ਕੰਧੁ॥	ਪੜੈ:ਪੋਲਾ ਬੋਲੌ, ੜ ਹਲੰਤ ਨ ਲਾਓ ਜੀ	Ouddai N Hansaa Parrai N Kandhh ||	The soul-swan does not fly away, and the body-wall does not collapse.	(ਤਾਂ ਫਿਰ ਮਾਇਆ ਦੀ ਖ਼ਾਤਰ) ਮਨ ਭਟਕਦਾ ਨਹੀਂ, ਤੇ ਸਰੀਰ ਭੀ ਛਿੱਜਦਾ ਨਹੀਂ (ਭਾਵ, ਸਰੀਰ ਦੀ ਸੱਤਿਆ ਨਾਸ ਨਹੀਂ ਹੁੰਦੀ)।
40246	939	ਸਹਜ ਗੁਫਾ ਘਰੁ ਜਾਣੈ ਸਾਚਾ॥		Sehaj Gufaa Ghar Jaanai Saachaa ||	Then, one knows that his true home is in the cave of intuitive poise.	ਜੋ ਮਨੁੱਖ ਸਹਜ-ਅਵਸਥਾ ਦੀ ਗੁਫ਼ਾ ਨੂੰ ਆਪਣਾ ਸਦਾ ਟਿਕੇ ਰਹਿਣ ਦਾ ਘਰ ਸਮਝ ਲਏ (ਭਾਵ, ਜਿਸ ਮਨੁੱਖ ਦਾ ਮਨ ਸਦਾ ਅਡੋਲ ਰਹੇ),
40247	939	ਨਾਨਕ ਸਾਚੇ ਭਾਵੈ ਸਾਚਾ॥੧੬॥		Naanak Saachae Bhaavai Saachaa ||16||	O Nanak, the True Lord loves those who are truthful. ||16||	ਹੇ ਨਾਨਕ! ਉਹ ਪਰਮਾਤਮਾ ਦਾ ਰੂਪ ਹੋ ਕੇ ਉਸ ਪ੍ਰਭੂ ਨੂੰ ਪਿਆਰਾ ਲੱਗਣ ਲਗ ਪੈਂਦਾ ਹੈ ॥੧੬॥

40248	939	ਕਿਸੁ ਕਾਰਣਿ ਗ੍ਰਿਹੁ ਤਜਿਓ ਉਦਾਸੀ॥		Kis Kaaran Grihu Thajiou Oudhaasee ||	"Why have you left your house and become a wandering Udaasee?	
40249	939	ਕਿਸੁ ਕਾਰਣਿ ਇਹੁ ਭੇਖੁ ਨਿਵਾਸੀ॥		Kis Kaaran Eihu Bhaekh Nivaasee ||	Why have you adopted these religious robes?	
40250	939	ਕਿਸੁ ਵਖਰ ਕੇ ਤੁਮ ਵਣਜਾਰੇ॥	ਵੱਖਰ	Kis Vakhar Kae Thum Vanajaarae ||	What merchandise do you trade?	
40251	939	ਕਿਉ ਕਰਿ ਸਾਥੁ ਲੰਘਾਵਹੁ ਪਾਰੇ॥੧੭॥		Kio Kar Saathh Langhaavahu Paarae ||17||	How will you carry others across with you?""||17||	
40252	939	ਗੁਰਮੁਖਿ ਖੋਜਤ ਭਏ ਉਦਾਸੀ॥		Guramukh Khojath Bheae Oudhaasee ||	I became a wandering Udaasee, searching for the Gurmukhs.	(ਉੱਤਰ:) ਅਸੀਂ ਗੁਰਮੁਖਾਂ ਨੂੰ ਲੱਭਣ ਵਾਸਤੇ ਉਦਾਸੀ ਬਣੇ ਸਾਂ,
40253	939	ਦਰਸਨ ਕੈ ਤਾਈ ਭੇਖ ਨਿਵਾਸੀ॥	ਤਾਂਈਂ	Dharasan Kai Thaaee Bhaekh Nivaasee ||	I have adopted these robes seeking the Blessed Vision of the Lord's Darshan.	ਅਸਾਂ ਗੁਰਮੁਖਾਂ ਦੇ ਦਰਸ਼ਨਾਂ ਲਈ (ਉਦਾਸੀ-) ਭੇਖ ਧਾਰਿਆ ਸੀ।
40254	939	ਸਾਚ ਵਖਰ ਕੇ ਹਮ ਵਣਜਾਰੇ॥		Saach Vakhar Kae Ham Vanajaarae ||	I trade in the merchandise of Truth.	ਅਸੀਂ ਸੱਚੇ ਪ੍ਰਭੂ ਦੇ ਨਾਮ-ਸੌਦੇ ਦੇ ਵਪਾਰੀ ਹਾਂ।

40255	939	ਨਾਨਕ ਗੁਰਮੁਖਿ ਉਤਰਸਿ ਪਾਰੇ॥੧੮॥	ਉਤਰ-ਸਿ: ਪੋਲਾ ਬੋਲੋ	Naanak Guramukh Outharas Paarae ||18||	O Nanak, as Gurmukh, I carry others across. ||18||	ਹੇ ਨਾਨਕ! ਜੋ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰਦਾ ਹੈ ਉਹ ('ਦੁਤਰ ਸਾਗਰ' ਤੋਂ) ਪਾਰ ਲੰਘਦਾ ਹੈ ॥੧੮॥
40256	939	ਕਿਤੁ ਬਿਧਿ ਪੁਰਖਾ ਜਨਮੁ ਵਟਾਇਆ॥		Kith Bidhh Purakhaa Janam Vattaaeiaa ||	"How have you changed the course of your life?	(ਪ੍ਰਸ਼ਨ:) ਤੁਸੀ (ਸ੍ਰਿਸ਼ਟੀ ਦੇ) ਮੁੱਢ ਦਾ ਕੀਹ ਵਿਚਾਰ ਦੱਸਦੇ ਹੋ? (ਤਦੋਂ) ਅਫੁਰ ਪਰਮਾਤਮਾ ਦਾ ਟਿਕਾਣਾ ਕਿਥੇ ਸੀ?
40257	939	ਕਾਹੇ ਕਉ ਤੁਝੁ ਇਹੁ ਮਨੁ ਲਾਇਆ॥		Kaahae Ko Thujh Eihu Man Laaeiaa ||	With what have you linked your mind?	
40258	940	ਕਿਤੁ ਬਿਧਿ ਆਸਾ ਮਨਸਾ ਖਾਈ॥		Kith Bidhh Aasaa Manasaa Khaaee ||	How have you subdued your hopes and desires?	
40259	940	ਕਿਤੁ ਬਿਧਿ ਜੋਤਿ ਨਿਰੰਤਰਿ ਪਾਈ॥		Kith Bidhh Joth Niranthar Paaee ||	How have you found the Light deep within your nucleus?	
40260	940	ਬਿਨੁ ਦੰਤਾ ਕਿਉ ਖਾਈਐ ਸਾਰੁ॥		Bin Dhanthaa Kio Khaaeeai Saar ||	Without teeth, how can you eat iron?	
40261	940	ਨਾਨਕ ਸਾਚਾ ਕਰਹੁ ਬੀਚਾਰੁ॥੧੯॥		Naanak Saachaa Karahu Beechaar ||19||	Give us your true opinion, Nanak.""||19||	

40262	940	ਸਤਿਗੁਰ ਕੈ ਜਨਮੇ ਗਵਨੁ ਮਿਟਾਇਆ॥		Sathigur Kai Janamae Gavan Mittaaeiaa ||	Born into the House of the True Guru, my wandering in reincarnation ended.	
40263	940	ਅਨਹਤਿ ਰਾਤੇ ਇਹੁ ਮਨੁ ਲਾਇਆ॥		Anehath Raathae Eihu Man Laaeiaa ||	My mind is attached and attuned to the unstruck sound current.	
40264	940	ਮਨਸਾ ਆਸਾ ਸਬਦਿ ਜਲਾਈ॥		Manasaa Aasaa Sabadh Jalaaee ||	Through the Word of the Shabad, my hopes and desires have been burnt away.	
40265	940	ਗੁਰਮੁਖਿ ਜੋਤਿ ਨਿਰੰਤਰਿ ਪਾਈ॥		Guramukh Joth Niranthar Paaee ||	As Gurmukh, I found the Light deep within the nucleus of my self.	
40266	940	ਤ੍ਰੈ ਗੁਣ ਮੇਟੇ ਖਾਈਐ ਸਾਰੁ॥		Thrai Gun Maettae Khaaeeai Saar ||	Eradicating the three qualities, one eats iron.	
40267	940	ਨਾਨਕ ਤਾਰੇ ਤਾਰਣਹਾਰੁ॥੨੦॥		Naanak Thaarae Thaaranehaar ||20||	O Nanak, the Emancipator emancipates. ||20||	

40268	940	ਆਦਿ ਕਉ ਕਵਨੁ ਬੀਚਾਰੁ ਕਥੀਅਲੇ ਸੁੰਨ ਕਹਾ ਘਰ ਵਾਸੋ ॥		Aadh Ko Kavan Beechaar Kathheealae Sunn Kehaa Ghar Vaaso ||	"What can you tell us about the beginning? In what home did the absolute dwell then?	
40269	940	ਗਿਆਨ ਕੀ ਮੁਦ੍ਰਾ ਕਵਨ ਕਥੀਅਲੇ ਘਟਿ ਘਟਿ ਕਵਨ ਨਿਵਾਸੋ॥		Giaan Kee Mudhraa Kavan Kathheealae Ghatt Ghatt Kavan Nivaaso ||	What are the ear-rings of spiritual wisdom? Who dwells in each and every heart?	ਪਰਮਾਤਮਾ ਨਾਲ ਜਾਣ-ਪਛਾਣ ਦਾ ਕੀਹ ਸਾਧਨ ਦੱਸਦੇ ਹੋ? ਹਰੇਕ ਘਟ ਵਿਚ ਕਿਸ ਦਾ ਨਿਵਾਸ ਹੈ?
40270	940	ਕਾਲ ਕਾ ਠੀਗਾ ਕਿਉ ਜਲਾਈਅਲੇ ਕਿਉ ਨਿਰਭਉ ਘਰਿ ਜਾਈਐ॥		Kaal Kaa Theegaa Kio Jalaaeealae Kio Nirabho Ghar Jaaeeai ||	How can one avoid the attack of death? How can one enter the home of fearlessness?	ਕਾਲ ਦੀ ਚੋਟ ਕਿਵੇਂ ਮੁਕਾਈ ਜਾਏ? ਨਿਰਭੈਤਾ ਦੇ ਦਰਜੇ ਤੇ ਕਿਵੇਂ ਅੱਪੜੀਦਾ ਹੈ?
40271	940	ਸਹਜ ਸੰਤੋਖ ਕਾ ਆਸਣੁ ਜਾਣੈ ਕਿਉ ਛੇਦੇ ਬੈਰਾਈਐ॥		Sehaj Santhokh Kaa Aasan Jaanai Kio Shhaedhae Bairaaeeai ||	How can one know the posture of intuition and contentment, and overcome one's adversaries?"	ਕਿਵੇਂ (ਹਉਮੈ) ਵੈਰੀ ਦਾ ਨਾਸ ਹੋਵੇ ਜਿਸ ਕਰਕੇ ਸਹਜ ਤੇ ਸੰਤੋਖ ਦਾ ਆਸਣ ਪਛਾਣ ਲਿਆ ਜਾਏ (ਭਾਵ, ਜਿਸ ਕਰਕੇ ਸਹਜ ਤੇ ਸੰਤੋਖ ਪ੍ਰਾਪਤ ਹੋਵੇ)?

40272	940	ਗੁਰ ਕੈ ਸਬਦਿ ਹਉਮੈ ਬਿਖੁ ਮਾਰੈ ਤਾ ਨਿਜ ਘਰਿ ਹੋਵੈ ਵਾਸੋ॥		Gur Kai Sabadh Houmai Bikh Maarai Thaa Nij Ghar Hovai Vaaso ||	Through the Word of the Guru's Shabad, egotism and corruption are conquered, and then one comes to dwell in the home of the self within.	(ਉੱਤਰ:) (ਜੋ ਮਨੁੱਖ) ਸਤਿਗੁਰੂ ਦੇ ਸ਼ਬਦ ਦੀ ਰਾਹੀਂ ਹਉਮੈ ਦੇ ਜ਼ਹਿਰ ਨੂੰ ਮੁਕਾ ਲਏ, ਤਾਂ ਨਿੱਜ ਸਰੂਪ ਵਿਚ ਟਿਕ ਜਾਂਦਾ ਹੈ।
40273	940	ਜਿਨਿ ਰਚਿ ਰਚਿਆ ਤਿਸੁ ਸਬਦਿ ਪਛਾਣੈ ਨਾਨਕੁ ਤਾ ਕਾ ਦਾਸੋ॥੨੧॥		Jin Rach Rachiaa This Sabadh Pashhaanai Naanak Thaa Kaa Dhaaso ||21||	One who realizes the Shabad of the One who created the creation - Nanak is his slave. ||21||	ਜਿਸ ਪ੍ਰਭੂ ਨੇ ਰਚਨਾ ਰਚੀ ਹੈ ਜੋ ਮਨੁੱਖ ਉਸ ਨੂੰ ਗੁਰੂ ਦੇ ਸ਼ਬਦ ਵਿਚ ਜੁੜ ਕੇ ਪਛਾਣਦਾ ਹੈ ਨਾਨਕ ਉਸ ਦਾ ਦਾਸ ਹੈ ॥੨੧॥
40274	940	ਕਹਾ ਤੇ ਆਵੈ ਕਹਾ ਇਹੁ ਜਾਵੈ ਕਹਾ ਇਹੁ ਰਹੈ ਸਮਾਈ॥		Kehaa Thae Aavai Kehaa Eihu Jaavai Kehaa Eihu Rehai Samaaee ||	"Where did we come from? Where are we going? Where will we be absorbed?	
40275	940	ਏਸੁ ਸਬਦ ਕਉ ਜੋ ਅਰਥਾਵੈ ਤਿਸੁ ਗੁਰ ਤਿਲੁ ਨ ਤਮਾਈ॥	(ਅਰਥਾਵੈ) ਅਰਥ ਸਿਧਾਂਤ ਨੂੰ ਕਮਾਵੇ	Eaes Sabadh Ko Jo Arathhaavai This Gur Thil N Thamaaee ||	One who reveals the meaning of this Shabad is the Guru, who has no greed at all.	

40276	940	ਕਿਉ ਤਤੈ ਅਵਿਗਤੈ ਪਾਵੈ ਗੁਰਮੁਖਿ ਲਗੈ ਪਿਆਰੋ॥	ਤੱਤੈ। ਅਵਿਗਤੈ: ਪੋਲਾ ਬੋਲੋ	Kio Thathai Avigathai Paavai Guramukh Lagai Piaaro ||	How can one find the essence of the unmanifest reality? How does one become Gurmukh, and enshrine love for the Lord?	
40277	940	ਆਪੇ ਸੁਰਤਾ ਆਪੇ ਕਰਤਾ ਕਹੁ ਨਾਨਕ ਬੀਚਾਰੋ॥		Aapae Surathaa Aapae Karathaa Kahu Naanak Beechaaro ||	He Himself is consciousness, He Himself is the Creator; share with us, Nanak, your wisdom.""	
40278	940	ਹੁਕਮੇ ਆਵੈ ਹੁਕਮੇ ਜਾਵੈ ਹੁਕਮੇ ਰਹੈ ਸਮਾਈ॥		Hukamae Aavai Hukamae Jaavai Hukamae Rehai Samaaee ||	By His Command we come, and by His Command we go; by His Command, we merge in absorption.	
40279	940	ਪੂਰੇ ਗੁਰ ਤੇ ਸਾਚੁ ਕਮਾਵੈ ਗਤਿ ਮਿਤਿ ਸਬਦੇ ਪਾਈ॥੨੨॥		Poorae Gur Thae Saach Kamaavai Gath Mith Sabadhae Paaee ||22||	Through the Perfect Guru, live the Truth; through the Word of the Shabad, the state of dignity is attained. ||22||	

40280	940	ਆਦਿ ਕਉ ਬਿਸਮਾਦੁ ਬੀਚਾਰੁ ਕਥੀਅਲੇ ਸੁੰਨ ਨਿਰੰਤਰਿ ਵਾਸੁ ਲੀਆ॥		Aadh Ko Bisamaadh Beechaar Kathheealae Sunn Niranthar Vaas Leeaa ||	We can only express a sense of wonder about the beginning. The absolute abided endlessly deep within Himself then.	
40281	940	ਅਕਲਪਤ ਮੁਦ੍ਰਾ ਗੁਰ ਗਿਆਨੁ ਬੀਚਾਰੀਅਲੇ ਘਟਿ ਘਟਿ ਸਾਚਾ ਸਰਬ ਜੀਆ॥	(ਮੁਦ੍ਰਾ) ਨਿਸ਼ਾਨੀ। ਅ-ਕਲਪਤ: ਪੋਲਾ ਬੋਲੋ। ਜੀਆਂ	Akalapath Mudhraa Gur Giaan Beechaareealae Ghatt Ghatt Saachaa Sarab Jeeaa ||	Consider freedom from desire to be the ear-rings of the Guru's spiritual wisdom. The True Lord, the Soul of all, dwells within each and every heart.	ਗਿਆਨ ਦਾ ਅਸਲੀ ਸਾਧਨ ਇਹ ਸਮਝੋ ਕਿ ਸਤਿਗੁਰੂ ਤੋਂ ਮਿਲਿਆ ਗਿਆਨ ਹੋਵੇ (ਭਾਵ, ਗਿਆਨ ਪ੍ਰਾਪਤ ਕਰਨ ਦਾ ਅਸਲੀ ਸਾਧਨ ਸਤਿਗੁਰੂ ਦੀ ਸਰਣ ਹੀ ਹੈ)। ਹਰੇਕ ਘਟ ਵਿਚ, ਸਾਰੇ ਜੀਵਾਂ ਵਿਚ, ਸਦਾ ਕਾਇਮ ਰਹਿਣ ਵਾਲਾ ਪ੍ਰਭੂ ਹੀ ਵੱਸਦਾ ਹੈ।
40282	940	ਗੁਰ ਬਚਨੀ ਅਵਿਗਤਿ ਸਮਾਈਐ ਤਤੁ ਨਿਰੰਜਨੁ ਸਹਜਿ ਲਹੈ॥		Gur Bachanee Avigath Samaaeeai Thath Niranjan Sehaj Lehai ||	Through the Guru's Word, one merges in the absolute, and intuitively receives the immaculate essence.	ਅਦ੍ਰਿਸ਼ਟ ਪ੍ਰਭੂ ਵਿਚ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਲੀਨ ਹੋਈਦਾ ਹੈ, (ਗੁਰ-ਸ਼ਬਦ ਦੀ ਰਾਹੀਂ) ਅਡੋਲ ਅਵਸਥਾ ਵਿਚ ਟਿਕਿਆਂ ਜਗਤ ਦਾ ਮੂਲ ਨਿਰੰਜਨ (ਮਾਇਆ ਤੋਂ ਰਹਿਤ ਪ੍ਰਭੂ) ਲੱਭ ਪੈਂਦਾ ਹੈ।

40283	940	ਨਾਨਕ ਦੂਜੀ ਕਾਰ ਨ ਕਰਣੀ ਸੇਵੈ ਸਿਖੁ ਸੁ ਖੋਜਿ ਲਹੈ॥	ਸਿੱਖੁ	Naanak Dhoojee Kaar N Karanee Saevai Sikh S Khoj Lehai ||	O Nanak, that Sikh who seeks and finds the Way does not serve any other.	(ਨਿਰੰਜਨ ਨੂੰ ਲੱਭਣ ਲਈ ਗੁਰੂ ਦੇ ਬਚਨਾਂ ਉੱਤੇ ਤੁਰਨ ਤੋਂ ਛੁਟ) ਹੋਰ ਕੋਈ ਕਾਰ ਕਰਨ ਦੀ ਲੋੜ ਨਹੀਂ, ਜੋ ਸਿੱਖ (ਗੁਰ-ਆਸ਼ੇ ਅਨੁਸਾਰ) ਸੇਵਾ ਕਰਦਾ ਹੈ ਉਹ ਭਾਲ ਕੇ 'ਨਿਰੰਜਨ' ਨੂੰ ਲੱਭ ਲੈਂਦਾ ਹੈ।
40284	940	ਹੁਕਮੁ ਬਿਸਮਾਦੁ ਹੁਕਮਿ ਪਛਾਣੈ ਜੀਅ ਜੁਗਤਿ ਸਚੁ ਜਾਣੈ ਸੋਈ॥		Hukam Bisamaadh Hukam Pashhaanai Jeea Jugath Sach Jaanai Soee ||	Wonderful and amazing is His Command; He alone realizes His Command and knows the true way of life of His creatures.	ਹੇ ਨਾਨਕ! 'ਹੁਕਮ' ਮੰਨਣਾ ਅਸਚਰਜ (ਖ਼ਿਆਲ) ਹੈ ਭਾਵ, ਇਹ (ਖ਼ਿਆਲ ਕਿ ਗੁਰੂ ਦੇ ਹੁਕਮ ਵਿਚ ਤੁਰਿਆਂ "ਅਵਿਗਤ" ਵਿਚ ਸਮਾਈਦਾ ਹੈ ਹੈਰਾਨਗੀ ਪੈਦਾ ਕਰਨ ਵਾਲਾ ਹੈ; ਪਰ) ਜੋ ਮਨੁੱਖ 'ਹੁਕਮ' ਵਿਚ (ਤੁਰ ਕੇ 'ਹੁਕਮ' ਨੂੰ) ਪਛਾਣਦਾ ਹੈ ਉਹ ਜੀਵਨ ਦੀ (ਸਹੀ) ਜੁਗਤਿ ਤੇ 'ਸਚ' ਨੂੰ ਜਾਣ ਲੈਂਦਾ ਹੈ।
40285	940	ਆਪੁ ਮੇਟਿ ਨਿਰਾਲਮੁ ਹੋਵੈ ਅੰਤਰਿ ਸਾਚੁ ਜੋਗੀ ਕਹੀਐ ਸੋਈ॥੨੩॥		Aap Maett Niraalam Hovai Anthar Saach Jogee Keheeai Soee ||23||	One who eradicates his self-conceit becomes free of desire; he alone is a Yogi, who enshrines the True Lord deep within. ||23||	ਉਹ 'ਆਪਾ ਭਾਵ' ਮਿਟਾ ਕੇ (ਦੁਨੀਆ ਵਿਚ ਰਹਿੰਦਾ ਹੋਇਆ ਭੀ ਦੁਨੀਆ ਤੋਂ) ਵੱਖਰਾ ਹੁੰਦਾ ਹੈ (ਕਿਉਂਕਿ ਉਸ ਦੇ) ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਪ੍ਰਭੂ (ਸਾਖਿਆਤ) ਹੈ, (ਬੱਸ!) ਐਸਾ ਮਨੁੱਖ ਹੀ ਜੋਗੀ ਅਖਵਾਣ ਦੇ ਯੋਗ ਹੈ ॥੨੩॥

40286	940	ਅਵਿਗਤੋ ਨਿਰਮਾਇਲੁ ਉਪਜੇ ਨਿਰਗੁਣ ਤੇ ਸਰਗੁਣੁ ਥੀਆ॥	ਅਵਿ-ਗਤੋ: ਪੋਲਾ ਬੋਲੋ	Avigatho Niramaaeil Oupajae Niragun Thae Saragun Thheeaa ||	From His state of absolute existence, He assumed the immaculate form; from formless, He assumed the supreme form.	(ਜਦੋਂ) ਅਦ੍ਰਿਸ਼ਟ ਅਵਸਥਾ ਤੋਂ ਨਿਰਮਲ ਪ੍ਰਭੂ ਪਰਗਟ ਹੁੰਦਾ ਹੈ ਤੇ ਨਿਰਗੁਣ ਰੂਪ ਤੋਂ ਸਰਗੁਣ ਬਣਦਾ ਹੈ (ਭਾਵ, ਆਪਣੇ ਅਦ੍ਰਿਸ਼ਟ ਆਤਮਕ ਸਰੂਪ ਤੋਂ ਆਕਾਰ ਵਾਲਾ ਬਣ ਕੇ ਸੂਖਮ ਤੇ ਅਸਥੂਲ ਰੂਪ ਧਾਰ ਲੈਂਦਾ ਹੈ,
40287	940	ਸਤਿਗੁਰ ਪਰਚੈ ਪਰਮਪਦੁ ਪਾਈਐ ਸਾਚੈ ਸਬਦਿ ਸਮਾਇ ਲੀਆ॥		Sathigur Parachai Param Padh Paaeeai Saachai Sabadh Samaae Leeaa ||	By pleasing the True Guru, the supreme status is obtained, and one is absorbed in the True Word of the Shabad.	ਤਦੋਂ ਇਸ ਦ੍ਰਿਸ਼ਟਮਾਨ ਸੰਸਾਰ ਵਿਚੋਂ ਜਿਸ ਜੀਵ ਦਾ ਮਨ ਸਤਿਗੁਰੂ ਦੇ ਸ਼ਬਦ ਨਾਲ ਪਤੀਜਦਾ ਜਾਂਦਾ ਹੈ (ਉਸ ਜੀਵ ਨੂੰ) ਉੱਚੀ ਆਤਮਕ ਅਵਸਥਾ ਪ੍ਰਾਪਤ ਹੋ ਜਾਂਦੀ ਹੈ (ਤਦੋਂ ਸਮਝੋ ਕਿ) ਗੁਰੂ ਦੇ ਸ਼ਬਦ ਦੀ ਰਾਹੀਂ ਸੱਚੇ ਪ੍ਰਭੂ ਨੇ (ਉਸ ਨੂੰ ਆਪਣੇ ਵਿਚ) ਲੀਨ ਕਰ ਲਿਆ ਹੈ।
40288	940	ਏਕੇ ਕਉ ਸਚੁ ਏਕਾ ਜਾਣੈ ਹਉਮੈ ਦੂਜਾ ਦੂਰਿ ਕੀਆ॥		Eaekae Ko Sach Eaekaa Jaanai Houmai Dhoojaa Dhoor Keeaa ||	He knows the True Lord as the One and only; he sends his egotism and duality far away.	(ਤਦੋਂ) ਉਹ ਕੇਵਲ ਇਕ ਪ੍ਰਭੂ ਨੂੰ ਹੀ (ਸਦਾ ਰਹਿਣ ਵਾਲੀ ਹਸਤੀ) ਜਾਣਦਾ ਹੈ, ਉਸ ਨੇ ਹਉਮੈ ਅਤੇ ਦੂਜਾ-ਭਾਵ (ਭਾਵ, ਪ੍ਰਭੂ ਤੋਂ ਬਿਨਾ ਕਿਸੇ ਹੋਰ ਅਜੇਹੀ ਹਸਤੀ ਦੀ ਸੰਭਾਵਨਾ ਦਾ ਖ਼ਿਆਲ) ਦੂਰ ਕਰ ਲਿਆ ਹੁੰਦਾ ਹੈ,

40289	940	ਸੋ ਜੋਗੀ ਗੁਰ ਸਬਦੁ ਪਛਾਣੈ ਅੰਤਰਿ ਕਮਲੁ ਪ੍ਰਗਾਸੁ ਥੀਆ॥		So Jogee Gur Sabadh Pashhaanai Anthar Kamal Pragaas Thheeaa ||	He alone is a Yogi, who realizes the Word of the Guru's Shabad; the lotus of the heart blossoms forth within.	(ਬੱਸ!) ਉਹੀ (ਅਸਲ) ਜੋਗੀ ਹੈ, ਉਹ ਸਤਿਗੁਰੂ ਦੇ ਸ਼ਬਦ ਨੂੰ ਸਮਝਦਾ ਹੈ ਉਸ ਦੇ ਅੰਦਰ (ਰਿਹਦਾ-ਰੂਪ) ਕੌਲ ਫੁੱਲ ਖਿੜ ਪਿਆ ਹੁੰਦਾ ਹੈ।
40290	940	ਜੀਵਤੁ ਮਰੈ ਤਾ ਸਭੁ ਕਿਛੁ ਸੂਝੈ ਅੰਤਰਿ ਜਾਣੈ ਸਰਬ ਦਇਆ॥		Jeevath Marai Thaa Sabh Kishh Soojhai Anthar Jaanai Sarab Dhaeiaa ||	If one remains dead while yet alive, then he understands everything; he knows the Lord deep within himself, who is kind and compassionate to all.	ਜੋ ਮਨੁੱਖ ਜੀਊਂਦਾ ਹੀ ਮਰਦਾ ਹੈ (ਭਾਵ, 'ਹਉਮੈ' ਦਾ ਤਿਆਗ ਕਰਦਾ ਹੈ, ਸੁਆਰਥ ਮਿਟਾਂਦਾ ਹੈ) ਉਸ ਨੂੰ (ਜ਼ਿੰਦਗੀ ਦੇ) ਹਰੇਕ (ਪਹਿਲੂ) ਦੀ ਸਮਝ ਆ ਜਾਂਦੀ ਹੈ, ਉਹ ਮਨੁੱਖ ਸਾਰੇ ਜੀਵਾਂ ਉਤੇ ਦਇਆ ਕਰਨ (ਦਾ ਅਸੂਲ) ਆਪਣੇ ਮਨ ਵਿਚ ਪੱਕਾ ਕਰ ਲੈਂਦਾ ਹੈ।
40291	940	ਨਾਨਕ ਤਾ ਕਉ ਮਿਲੈ ਵਡਾਈ ਆਪੁ ਪਛਾਣੈ ਸਰਬ ਜੀਆ॥੨੪॥		Naanak Thaa Ko Milai Vaddaaee Aap Pashhaanai Sarab Jeeaa ||24||	O Nanak, he is blessed with glorious greatness; he realizes himself in all beings. ||24||	ਹੇ ਨਾਨਕ! ਉਸੇ ਮਨੁੱਖ ਨੂੰ ਇੱਜ਼ਤ ਮਿਲਦੀ ਹੈ, ਉਹ ਸਾਰੇ ਜੀਵਾਂ ਵਿਚ ਆਪਣੇ ਆਪ ਨੂੰ ਵੇਖਦਾ ਹੈ (ਭਾਵ, ਉਹ ਉਸੇ ਜੋਤਿ ਨੂੰ ਸਭ ਵਿਚ ਵੇਖਦਾ ਹੈ ਜੋ ਉਸ ਦੇ ਆਪਣੇ ਅੰਦਰ ਹੈ) ॥੨੪॥
40292	940	ਸਾਚੌ ਉਪਜੈ ਸਾਚਿ ਸਮਾਵੈ ਸਾਚੇ ਸੂਚੇ ਏਕ ਮਇਆ॥		Saacha Oupajai Saach Samaavai Saachae Soochae Eaek Maeiaa ||	We emerge from Truth, and merge into Truth again. The pure being merges into the One True Lord.	(ਗੁਰਮੁਖਿ) ਸੱਚੇ ਪ੍ਰਭੂ ਤੋਂ ਪੈਦਾ ਹੁੰਦਾ ਹੈ ਤੇ ਸੱਚੇ ਵਿਚ ਹੀ ਲੀਨ ਰਹਿੰਦਾ ਹੈ; ਪ੍ਰਭੂ ਤੇ ਗੁਰਮੁਖਿ ਇੱਕ-ਰੂਪ ਹੋ ਜਾਂਦੇ ਹਨ।

40293	940	ਝੂਠੇ ਆਵਹਿ ਠਵਰ ਨ ਪਾਵਹਿ ਦੂਜੈ ਆਵਾ ਗਉਣੁ ਭਇਆ॥		Jhoothae Aavehi Thavar N Paavehi Dhoojai Aavaa Goun Bhaeiaa ||	The false come, and find no place of rest; in duality, they come and go.	ਪਰ ਝੂਠੇ (ਭਾਵ, ਨਾਸਵੰਤ ਮਾਇਆ ਵਿਚ ਲੱਗੇ ਹੋਏ ਬੰਦੇ) ਜਗਤ ਆਉਂਦੇ ਹਨ, ਉਹਨਾਂ ਨੂੰ ਮਨ ਦਾ ਟਿਕਾਉ ਨਹੀਂ ਹਾਸਲ ਹੁੰਦਾ (ਸੋ ਇਸ) ਦੂਜੇ-ਭਾਵ ਦੇ ਕਾਰਣ ਉਹਨਾਂ ਦਾ ਜਨਮ ਮਰਨ ਦਾ ਚੱਕਰ ਬਣਿਆ ਰਹਿੰਦਾ ਹੈ।
40294	940	ਆਵਾ ਗਉਣੁ ਮਿਟੈ ਗੁਰ ਸਬਦੀ ਆਪੇ ਪਰਖੈ ਬਖਸਿ ਲਇਆ॥		Aavaa Goun Mittai Gur Sabadhee Aapae Parakhai Bakhas Laeiaa ||	This coming and going in reincarnation is ended through the Word of the Guru's Shabad; the Lord Himself analyzes and grants His forgiveness.	ਇਹ ਜਨਮ ਮਰਨ ਦਾ ਚੱਕਰ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਮਿਟਦਾ ਹੈ (ਗੁਰ-ਸ਼ਬਦ ਵਿਚ ਜੁੜੇ ਮਨੁੱਖ ਨੂੰ) ਪ੍ਰਭੂ ਆਪ ਪਛਾਣ ਲੈਂਦਾ ਹੈ, ਤੇ (ਉਸ ਉਤੇ) ਮੇਹਰ ਕਰਦਾ ਹੈ।
40295	940	ਏਕਾ ਬੇਦਨ ਦੂਜੈ ਬਿਆਪੀ ਨਾਮੁ ਰਸਾਇਣੁ ਵੀਸਰਿਆ॥		Eaekaa Baedhan Dhoojai Biaapee Naam Rasaaein Veesariaa ||	One who suffers from the disease of duality, forgets the Naam, the source of nectar.	(ਪਰ ਜਿਨ੍ਹਾਂ ਨੂੰ) ਸਾਰੇ-ਰਸਾਂ-ਦਾ-ਘਰ-ਪ੍ਰਭੂ ਦਾ ਨਾਮ ਵਿੱਸਰ ਜਾਂਦਾ ਹੈ ਉਹਨਾਂ ਨੂੰ ਦੂਜੇ-ਭਾਵ ਵਿਚ ਫਸਣ ਦੇ ਕਾਰਨ ਇਹ ਹਉਮੈ ਦੀ ਪੀੜਾ ਸਤਾਂਦੀ ਹੈ।

40296	941	ਸੋ ਬੂਝੈ ਜਿਸੁ ਆਪਿ ਬੁਝਾਏ ਗੁਰ ਕੈ ਸਬਦਿ ਸੁ ਮੁਕਤੁ ਭਇਆ॥	ਬੂੱਝੈ ਬੁੱਝਾਏ	So Boojhai Jis Aap Bujhaaeae Gur Kai Sabadh S Mukath Bhaeiaa ||	He alone understands, whom the Lord inspires to understand. Through the Word of the Guru's Shabad, one is liberated.	(ਇਹ ਭੇਤ) ਉਹ ਮਨੁੱਖ ਸਮਝਦਾ ਹੈ ਜਿਸ ਨੂੰ ਪ੍ਰਭੂ ਆਪ ਸਮਝ ਬਖ਼ਸ਼ਦਾ ਹੈ, ਗੁਰੂ ਦੇ ਸ਼ਬਦ ਵਿਚ ਜੁੜਨ ਦੇ ਕਾਰਨ ਉਹ ਮਨੁੱਖ (ਹਉਮੈ ਤੋਂ) ਆਜ਼ਾਦ ਹੋ ਜਾਂਦਾ ਹੈ।
40297	941	ਨਾਨਕ ਤਾਰੇ ਤਾਰਣਹਾਰਾ ਹਉਮੈ ਦੂਜਾ ਪਰਹਰਿਆ॥੨੫॥		Naanak Thaarae Thaaranehaaraa Houmai Dhoojaa Parehariaa ||25||	O Nanak, the Emancipator emancipates one who drives out egotism and duality. ||25||	ਹੇ ਨਾਨਕ! ਜਿਸ ਨੇ ਹਉਮੈ ਤੇ ਦੂਜਾ-ਭਾਵ ਤਿਆਗ ਦਿੱਤਾ ਹੈ ਉਸ ਨੂੰ ਤਾਰਣਹਾਰ ਪ੍ਰਭੂ ਤਾਰ ਲੈਂਦਾ ਹੈ ॥੨੫॥
40298	941	ਮਨਮੁਖਿ ਭੂਲੈ ਜਮ ਕੀ ਕਾਣਿ॥		Manamukh Bhoolai Jam Kee Kaan ||	The self-willed manmukhs are deluded, under the shadow of death.	ਜੋ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ ਉਹ (ਜੀਵਨ ਦਾ ਸਹੀ ਰਸਤਾ) ਖੁੰਝ ਜਾਂਦਾ ਹੈ ਤੇ ਜਮ ਦੀ ਮੁਥਾਜੀ ਵਿਚ ਹੋ ਜਾਂਦਾ ਹੈ,
40299	941	ਪਰ ਘਰੁ ਜੋਹੈ ਹਾਣੇ ਹਾਣਿ॥		Par Ghar Johai Haanae Haan ||	They look into the homes of others, and lose.	ਪਰਾਇਆ ਘਰ ਤੱਕਦਾ ਹੈ, ਉਸ ਨੂੰ (ਇਸ ਕੁਕਰਮ ਵਿਚ) ਘਾਟਾ ਹੀ ਘਾਟਾ ਰਹਿੰਦਾ ਹੈ।
40300	941	ਮਨਮੁਖਿ ਭਰਮਿ ਭਵੈ ਬੇਬਾਣਿ॥	(ਬੇਬਾਣਿ) ਖੋਟੀ ਆਦਤ,ਉਜਾੜ	Manamukh Bharam Bhavai Baebaan ||	The manmukhs are confused by doubt, wandering in the wilderness.	ਭੁਲੇਖੇ ਵਿਚ ਪਿਆ ਹੋਇਆ ਮਨਮੁਖ (ਮਾਨੋ) ਜੰਗਲ ਵਿਚ ਭਟਕ ਰਿਹਾ ਹੈ,

40301	941	ਵੇਮਾਰਗਿ ਮੂਸੈ ਮੰਤ੍ਰਿ ਮਸਾਣਿ॥	ਵੇ-ਮਾਰਗਿ	Vaemaarag Moosai Manthr Masaan ||	Having lost their way, they are plundered; they chant their mantras at cremation grounds.	ਕੁਰਾਹੇ ਪੈ ਕੇ (ਇਉਂ) ਠੱਗਿਆ ਜਾ ਰਿਹਾ ਹੈ ਜਿਵੇਂ ਮਸਾਣ ਵਿਚ ਮੰਤ੍ਰ ਪੜ੍ਹਨ ਵਾਲਾ ਮਨੁੱਖ (ਭੈੜੇ ਪਾਸੇ ਪਿਆ ਹੈ)।
40302	941	ਸਬਦੁ ਨ ਚੀਨੈ ਲਵੈ ਕੁਬਾਣਿ॥	(ਕੁਬਾਣਿ) ਖੋਟੀ ਬਾਣੀ	Sabadh N Cheenai Lavai Kubaan ||	They do not think of the Shabad; instead, they utter obscenities.	(ਮਨਮੁਖ) ਗੁਰੂ ਦੇ ਸ਼ਬਦ ਨੂੰ ਨਹੀਂ ਪਛਾਣਦਾ (ਭਾਵ, ਗੁਰੂ ਦੇ ਸ਼ਬਦ ਦੀ ਉਸ ਨੂੰ ਕਦਰ ਨਹੀਂ ਪੈਂਦੀ), ਤੇ ਦੁਰਬਚਨ ਹੀ ਬੋਲਦਾ ਹੈ।
40303	941	ਨਾਨਕ ਸਾਚਿ ਰਤੇ ਸੁਖੁ ਜਾਣਿ॥੨੬॥		Naanak Saach Rathae Sukh Jaan ||26||	O Nanak, those who are attuned to the Truth know peace. ||26||	ਹੇ ਨਾਨਕ! ਸੁਖ ਉਸ ਨੂੰ (ਮਿਲਿਆ) ਜਾਣੋ ਜੋ ਸੱਚੇ ਪ੍ਰਭੂ ਵਿਚ ਰੰਗਿਆ ਹੋਇਆ ਹੈ ॥੨੬॥
40304	941	ਗੁਰਮੁਖਿ ਸਾਚੇ ਕਾ ਭਉ ਪਾਵੈ॥		Guramukh Saachae Kaa Bho Paavai ||	The Gurmukh lives in the Fear of God, the True Lord.	ਜੋ ਮਨੁੱਖ ਸਤਿਗੁਰੂ ਦੇ ਅਨੁਸਾਰ ਹੋ ਕੇ ਤੁਰਦਾ ਹੈ ਉਹ ਸੱਚੇ ਪ੍ਰਭੂ ਦਾ ਡਰ ਆਪਣੇ ਹਿਰਦੇ ਵਿਚ ਟਿਕਾਂਦਾ ਹੈ,
40305	941	ਗੁਰਮੁਖਿ ਬਾਣੀ ਅਘੜੁ ਘੜਾਵੈ॥	ਅ-ਘੜੁ	Guramukh Baanee Agharr Gharraavai ||	Through the Word of the Guru's Bani, the Gurmukh refines the unrefined.	ਗੁਰੂ ਦੀ ਬਾਣੀ ਦੀ ਰਾਹੀਂ ਅਮੋੜ-ਮਨ ਨੂੰ ਸੁਚੱਜਾ ਬਣਾਂਦਾ ਹੈ,
40306	941	ਗੁਰਮੁਖਿ ਨਿਰਮਲ ਹਰਿ ਗੁਣ ਗਾਵੈ॥		Guramukh Niramal Har Gun Gaavai ||	The Gurmukh sings the immaculate, Glorious Praises of the Lord.	ਨਿਰਮਲ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ,

40307	941	ਗੁਰਮੁਖਿ ਪਵਿਤ੍ਰੁ ਪਰਮਪਦੁ ਪਾਵੈ॥		Guramukh Pavithra Param Padh Paavai ||	The Gurmukh attains the supreme, sanctified status.	(ਤੇ ਇਸ ਤਰ੍ਹਾਂ) ਪਵਿਤ੍ਰ ਤੇ ਉੱਚੀ ਆਤਮਕ ਅਵਸਥਾ ਹਾਸਲ ਕਰਦਾ ਹੈ।
40308	941	ਗੁਰਮੁਖਿ ਰੋਮਿ ਰੋਮਿ ਹਰਿ ਧਿਆਵੈ॥		Guramukh Rom Rom Har Dhhiaavai ||	The Gurmukh meditates on the Lord with every hair of his body.	ਗੁਰਮੁਖਿ ਮਨੁੱਖ ਤਨੋਂ ਮਨੋਂ ਪਰਮਾਤਮਾ ਨੂੰ ਯਾਦ ਕਰਦਾ ਹੈ,
40309	941	ਨਾਨਕ ਗੁਰਮੁਖਿ ਸਾਚਿ ਸਮਾਵੈ॥੨੭॥		Naanak Guramukh Saach Samaavai ||27||	O Nanak, the Gurmukh merges in Truth. ||27||	ਹੇ ਨਾਨਕ! (ਬੰਦਗੀ ਦੀ ਰਾਹੀਂ) ਗੁਰਮੁਖ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਲੀਨ ਰਹਿੰਦਾ ਹੈ ॥੨੭॥
40310	941	ਗੁਰਮੁਖਿ ਪਰਚੈ ਬੇਦ ਬੀਚਾਰੀ॥		Guramukh Parachai Baedh Beechaaree ||	The Gurmukh is pleasing to the True Guru; this is contemplation on the Vedas.	ਜੋ ਮਨੁੱਖ ਗੁਰੂ ਨਾਲ ਡੂੰਘੀ ਸਾਂਝ ਬਣਾ ਲੈਂਦਾ ਹੈ (ਭਾਵ, ਜਿਸ ਨੂੰ ਸਤਿਗੁਰੂ ਵਿਚ ਪੂਰਨ ਵਿਸ਼ਵਾਸ ਹੋ ਜਾਂਦਾ ਹੈ) ਉਹ (ਮਾਨੋ) ਵੇਦਾਂ ਦਾ ਗਿਆਤਾ ਹੋ ਗਿਆ ਹੈ (ਉਸ ਨੂੰ ਵੇਦਾਂ ਦੀ ਲੋੜ ਨਹੀਂ ਰਹਿ ਜਾਂਦੀ)।
40311	941	ਗੁਰਮੁਖਿ ਪਰਚੈ ਤਰੀਐ ਤਾਰੀ॥		Guramukh Parachai Thareeai Thaaree ||	Pleasing the True Guru, the Gurmukh is carried across.	ਗੁਰੂ ਨਾਲ ਡੂੰਘੀ ਸਾਂਝ ਬਣਾਇਆਂ ਸੰਸਾਰ-ਸਮੁੰਦਰ ਤੋਂ ਤਰ ਜਾਈਦਾ ਹੈ,
40312	941	ਗੁਰਮੁਖਿ ਪਰਚੈ ਸੁ ਸਬਦਿ ਗਿਆਨੀ॥		Guramukh Parachai S Sabadh Giaanee ||	Pleasing the True Guru, the Gurmukh receives the spiritual wisdom of the Shabad.	ਗੁਰ-ਸ਼ਬਦ ਦੀ ਰਾਹੀਂ ਪਰਮਾਤਮਾ ਨਾਲ ਜਾਣ-ਪਛਾਣ ਵਾਲਾ ਹੋ ਜਾਈਦਾ ਹੈ,

40313	941	ਗੁਰਮੁਖਿ ਪਰਚੈ ਅੰਤਰ ਬਿਧਿ ਜਾਨੀ॥		Guramukh Parachai Anthar Bidhh Jaanee ||	Pleasing the True Guru, the Gurmukh comes to know the path within.	ਤੇ ਗੁਰ-ਸ਼ਬਦ ਦੀ ਰਾਹੀਂ ਅੰਦਰਲੇ ਦੀ ਸੂਝ ਪੈ ਜਾਂਦੀ ਹੈ।
40314	941	ਗੁਰਮੁਖਿ ਪਾਈਐ ਅਲਖ ਅਪਾਰੁ॥		Guramukh Paaeeai Alakh Apaar ||	The Gurmukh attains the unseen and infinite Lord.	ਗੁਰੂ ਦੇ ਸਨਮੁਖ ਹੋਇਆਂ ਅਦ੍ਰਿਸ਼ਟ ਤੇ ਬੇ-ਅੰਤ ਪ੍ਰਭੂ ਮਿਲ ਪੈਂਦਾ ਹੈ;
40315	941	ਨਾਨਕ ਗੁਰਮੁਖਿ ਮੁਕਤਿ ਦੁਆਰੁ॥੨੮॥		Naanak Guramukh Mukath Dhuaar ||28||	O Nanak, the Gurmukh finds the door of liberation. ||28||	ਹੇ ਨਾਨਕ! ਗੁਰੂ ਦੀ ਰਾਹੀਂ ਹੀ (ਹਉਮੈ ਤੋਂ) ਖ਼ਲਾਸੀ ਦਾ ਰਸਤਾ ਲੱਭਦਾ ਹੈ ॥੨੮॥
40316	941	ਗੁਰਮੁਖਿ ਅਕਥੁ ਕਥੈ ਬੀਚਾਰਿ॥	ਅ-ਕਥੁ: ਪੋਲਾ ਬੋਲੋ	Guramukh Akathh Kathhai Beechaar ||	The Gurmukh speaks the unspoken wisdom.	ਗੁਰੂ ਦੇ ਦੱਸੇ ਰਾਹ ਤੇ ਤੁਰਨ ਵਾਲਾ ਮਨੁੱਖ (ਗੁਰੂ ਦੀ ਦੱਸੀ) ਵੀਚਾਰ ਨਾਲ ਉਸ ਪ੍ਰਭੂ ਦੇ ਗੁਣ ਗਾਉਂਦਾ ਹੈ ਜਿਸ ਦਾ ਸਹੀ ਸਰੂਪ ਬਿਆਨ ਨਹੀਂ ਹੋ ਸਕਦਾ,
40317	941	ਗੁਰਮੁਖਿ ਨਿਬਹੈ ਸਪਰਵਾਰਿ॥	ਸ-ਪਰਵਾਰਿ	Guramukh Nibehai Saparavaar ||	In the midst of his family, the Gurmukh lives a spiritual life.	(ਇਸ ਤਰ੍ਹਾਂ) ਗੁਰਮੁਖ ਘਰਬਾਰੀ ਹੁੰਦਾ ਹੋਇਆ ਹੀ (ਜ਼ਿੰਦਗੀ ਦੀ ਬਾਜ਼ੀ ਵਿਚ) ਪੁੱਗ ਜਾਂਦਾ ਹੈ।
40318	941	ਗੁਰਮੁਖਿ ਜਪੀਐ ਅੰਤਰਿ ਪਿਆਰਿ॥		Guramukh Japeeai Anthar Piaar ||	The Gurmukh lovingly meditates deep within.	ਗੁਰੂ ਦੇ ਸਨਮੁਖ ਹੋਇਆਂ ਹੀ ਹਿਰਦੇ ਵਿਚ ਪਿਆਰ ਨਾਲ ਪ੍ਰਭੂ ਨੂੰ ਜਪ ਸਕੀਦਾ ਹੈ,
40319	941	ਗੁਰਮੁਖਿ ਪਾਈਐ ਸਬਦਿ ਅਚਾਰਿ॥		Guramukh Paaeeai Sabadh Achaar ||	The Gurmukh obtains the Shabad, and righteous conduct.	ਤੇ ਗੁਰਸ਼ਬਦ ਦੀ ਰਾਹੀਂ ਉੱਚਾ ਆਚਰਣ ਬਣ ਕੇ ਪ੍ਰਭੂ ਮਿਲਦਾ ਹੈ।

40320	941	ਸਬਦਿ ਭੇਦਿ ਜਾਣੈ ਜਾਣਾਈ॥		Sabadh Bhaedh Jaanai Jaanaaee ||	He knows the mystery of the Shabad, and inspires others to know it.	(ਗੁਰੂ ਦੇ ਦੱਸੇ ਰਾਹ ਤੇ ਤੁਰਨ ਵਾਲਾ ਮਨੁੱਖ) ਗੁਰੂ ਦੇ ਸ਼ਬਦ ਨਾਲ (ਆਪਣੇ ਮਨ ਨੂੰ) ਪ੍ਰੋ ਕੇ (ਪ੍ਰਭੂ ਨੂੰ) ਪਛਾਣਦਾ ਹੈ ਤੇ ਹੋਰਨਾਂ ਨੂੰ ਪਛਾਣ ਕਰਾਂਦਾ ਹੈ।
40321	941	ਨਾਨਕ ਹਉਮੈ ਜਾਲਿ ਸਮਾਈ॥੨੯॥		Naanak Houmai Jaal Samaaee ||29||	O Nanak, burning away his ego, he merges in the Lord. ||29||	ਹੇ ਨਾਨਕ! ਗੁਰਮੁਖ (ਆਪਣੀ) ਹਉਮੈ (ਖ਼ੁਦ-ਗ਼ਰਜ਼ੀ) ਸਾੜ ਕੇ (ਪ੍ਰਭੂ ਵਿਚ) ਲੀਨ ਰਹਿੰਦਾ ਹੈ ॥੨੯॥
40322	941	ਗੁਰਮੁਖਿ ਧਰਤੀ ਸਾਚੈ ਸਾਜੀ॥		Guramukh Dhharathee Saachai Saajee ||	The True Lord fashioned the earth for the sake of the Gurmukhs.	ਸੱਚੇ ਪ੍ਰਭੂ ਨੇ ਗੁਰਮੁਖ ਮਨੁੱਖ (ਪੈਦਾ ਕਰਨ) ਵਾਸਤੇ ਧਰਤੀ ਬਣਾਈ ਹੈ;
40323	941	ਤਿਸ ਮਹਿ ਓਪਤਿ ਖਪਤਿ ਸੁ ਬਾਜੀ॥	ਬਾਜੀ: ਪੋਲਾ ਬੋਲੋ-	This Mehi Oupath Khapath S Baajee ||	There, he set in motion the play of creation and destruction.	ਇਸ ਧਰਤੀ ਵਿਚ ਉਤਪੱਤੀ ਤੇ ਨਾਸ (ਗੁਰਮੁਖਤਾ ਦੇ ਵਿਕਾਸ ਲਈ) ਇਕ ਖੇਡ ਹੈ;
40324	941	ਗੁਰ ਕੈ ਸਬਦਿ ਰਪੈ ਰੰਗੁ ਲਾਇ॥		Gur Kai Sabadh Rapai Rang Laae ||	One who is filled with the Word of the Guru's Shabad enshrines love for the Lord.	ਜਦੋਂ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਨਾਲ ਪਿਆਰ ਜੋੜ ਕੇ (ਪ੍ਰਭੂ ਦੇ ਰੰਗ ਵਿਚ) ਰੰਗਿਆ ਜਾਂਦਾ ਹੈ,
40325	941	ਸਾਚਿ ਰਤਉ ਪਤਿ ਸਿਉ ਘਰਿ ਜਾਇ॥		Saach Ratho Path Sio Ghar Jaae ||	Attuned to the Truth, he goes to his home with honor.	ਤਾਂ ਸੱਚੇ ਵਿਚ ਰੱਤਾ ਹੋਇਆ (ਗੁਰਮੁਖ) ਇੱਜ਼ਤ ਲੈ ਕੇ ਆਪਣੇ ਘਰ ਵਿਚ ਅੱਪੜਦਾ ਹੈ (ਤੇ ਉਸ ਦੀ ਘੜਨ ਭੱਜਣ ਦੀ ਖੇਡ ਮੁੱਕ ਜਾਂਦੀ ਹੈ)।

40326	941	ਸਾਚ ਸਬਦ ਬਿਨੁ ਪਤਿ ਨਹੀ ਪਾਵੈ॥		Saach Sabadh Bin Path Nehee Paavai ||	Without the True Word of the Shabad, no one receives honor.	ਸੱਚੇ ਸ਼ਬਦ ਤੋਂ ਬਿਨਾ ਕੋਈ ਮਨੁੱਖ ਇਜ਼ਤ ਹਾਸਲ ਨਹੀਂ ਕਰ ਸਕਦਾ।
40327	941	ਨਾਨਕ ਬਿਨੁ ਨਾਵੈ ਕਿਉ ਸਾਚਿ ਸਮਾਵੈ॥੩੦॥		Naanak Bin Naavai Kio Saach Samaavai ||30||	O Nanak, without the Name, how can one be absorbed in Truth? ||30||	ਹੇ ਨਾਨਕ! ਪ੍ਰਭੂ ਦੇ ਨਾਮ ਤੋਂ ਬਿਨਾ ਪ੍ਰਭੂ ਵਿਚ ਮਨੁੱਖ ਕਿਵੇਂ ਸਮਾ ਸਕਦਾ ਹੈ? (ਨਹੀਂ ਸਮਾ ਸਕਦਾ) ॥੩੦॥
40328	941	ਗੁਰਮੁਖਿ ਅਸਟ ਸਿਧੀ ਸਭਿ ਬੁਧੀ॥	ਸਿੱਧੀ, ਬੁੱਧੀ	Guramukh Asatt Sidhhee Sabh Budhhee ||	The Gurmukh obtains the eight miraculous spiritual powers, and all wisdom.	ਗੁਰੂ ਦੇ ਦੱਸੇ ਹੋਏ ਰਾਹ ਤੇ ਤੁਰਨਾ ਹੀ ਸਾਰੀਆਂ ਅੱਠੇ ਕਰਾਮਾਤੀ ਤਾਕਤਾਂ ਤੇ ਅਕਲਾਂ ਦੀ ਪ੍ਰਾਪਤੀ ਹੈ,
40329	941	ਗੁਰਮੁਖਿ ਭਵਜਲੁ ਤਰੀਐ ਸਚ ਸੁਧੀ॥		Guramukh Bhavajal Thareeai Sach Sudhhee ||	The Gurmukh crosses over the terrifying world-ocean, and obtains true understanding.	ਗੁਰੂ ਦੇ ਸਨਮੁਖ ਹੋਇਆਂ ਸੰਸਾਰ-ਸਮੁੰਦਰ ਤਰ ਜਾਈਦਾ ਹੈ ਅਤੇ ਸੱਚੇ ਦੀ ਸੋਹਣੀ ਮੱਤ ਆ ਜਾਂਦੀ ਹੈ।
40330	941	ਗੁਰਮੁਖਿ ਸਰ ਅਪਸਰ ਬਿਧਿ ਜਾਣੈ॥	ਅਪ-ਸਰ: ਪੋਲਾ ਬੋਲੋ	Guramukh Sar Apasar Bidhh Jaanai ||	The Gurmukh knows the ways of truth and untruth.	ਗੁਰੂ ਦੇ ਦੱਸੇ ਰਾਹ ਤੇ ਤੁਰਨ ਵਾਲਾ ਮਨੁੱਖ ਚੰਗੇ ਮੰਦੇ ਸਮੇ ਦਾ ਹਾਲਤ ਜਾਣ ਲੈਂਦਾ ਹੈ,
40331	941	ਗੁਰਮੁਖਿ ਪਰਵਿਰਤਿ ਨਰਵਿਰਤਿ ਪਛਾਣੈ॥	ਪਰ-ਵਿਰਤਿ, ਨਰ-ਵਿਰਤਿ	Guramukh Paravirath Naravirath Pashhaanai ||	The Gurmukh knows worldliness and renunciation.	ਤੇ ਗੁਰੂ ਦੇ ਦੱਸੇ ਰਾਹ ਤੇ ਤੁਰਨ ਵਾਲਾ ਮਨੁੱਖ ਪਛਾਣ ਲੈਂਦਾ ਹੈ ਕਿ ਕੀਹ ਛੱਡਣਾ ਹੈ ਤੇ ਕੀਹ ਗ੍ਰਹਣ ਕਰਨਾ ਹੈ।

40332	941	ਗੁਰਮੁਖਿ ਤਾਰੇ ਪਾਰਿ ਉਤਾਰੇ॥		Guramukh Thaarae Paar Outhaarae ||	The Gurmukh crosses over, and carries others across as well.	ਗੁਰਮੁਖ ਮਨੁੱਖ (ਹੋਰਨਾਂ ਨੂੰ ਭੀ ਸੰਸਾਰ-ਸਮੁੰਦਰ ਤੋਂ) ਤਾਰ ਕੇ ਪਾਰਲੇ ਕੰਢੇ ਲਾ ਦੇਂਦਾ ਹੈ।
40333	941	ਨਾਨਕ ਗੁਰਮੁਖਿ ਸਬਦਿ ਨਿਸਤਾਰੇ॥੩੧॥		Naanak Guramukh Sabadh Nisathaarae ||31||	O Nanak, the Gurmukh is emancipated through the Shabad. ||31||	ਹੇ ਨਾਨਕ! ਗੁਰੂ ਦੀ ਸਿੱਖਿਆ ਤੇ ਤੁਰਨ ਵਾਲਾ ਬੰਦਾ (ਗੁਰੂ ਦੇ) ਸ਼ਬਦ ਦੀ ਰਾਹੀਂ (ਦੂਜਿਆਂ ਨੂੰ ਭੀ) ਤਾਰ ਦੇਂਦਾ ਹੈ ॥੩੧॥
40334	941	ਨਾਮੇ ਰਾਤੇ ਹਉਮੈ ਜਾਇ॥	ਰੱਾਤੇ	Naamae Raathae Houmai Jaae ||	Attuned to the Naam, the Name of the Lord, egotism is dispelled.	(ਪ੍ਰਭੂ ਦੇ) ਨਾਮ ਵਿਚ ਹੀ ਰੱਤੇ ਹੋਏ ਦੀ ਹਉਮੈ ਨਾਸ ਹੁੰਦੀ ਹੈ।
40335	941	ਨਾਮਿ ਰਤੇ ਸਚਿ ਰਹੇ ਸਮਾਇ॥		Naam Rathae Sach Rehae Samaae ||	Attuned to the Naam, they remain absorbed in the True Lord.	ਜੋ ਮਨੁੱਖ ਪ੍ਰਭੂ ਦੇ ਨਾਮ ਵਿਚ ਰੰਗੇ ਹੋਏ ਹਨ ਉਹ ਪ੍ਰਭੂ ਵਿਚ ਸਮਾਏ ਰਹਿੰਦੇ ਹਨ।
40336	941	ਨਾਮਿ ਰਤੇ ਜੋਗ ਜੁਗਤਿ ਬੀਚਾਰੁ॥		Naam Rathae Jog Jugath Beechaar ||	Attuned to the Naam, they contemplate the Way of Yoga.	ਜੋ ਪ੍ਰਾਣੀ ਪ੍ਰਭੂ ਦੇ ਨਾਮ ਵਿਚ ਰੰਗੇ ਹੋਏ ਹਨ ਉਹਨਾਂ ਨੂੰ ਹੀ ਜੋਗ ਦੀ ਜੁਗਤਿ ਤੇ ਸਹੀ ਵੀਚਾਰ ਪ੍ਰਾਪਤ ਹੋਈ ਹੈ।
40337	941	ਨਾਮਿ ਰਤੇ ਪਾਵਹਿ ਮੋਖ ਦੁਆਰੁ॥	ਪਾਵ-ਹਿ	Naam Rathae Paavehi Mokh Dhuaar ||	Attuned to the Naam, they find the door of liberation.	ਪ੍ਰਭੂ ਦੇ ਨਾਮ ਵਿਚ ਰੰਗੇ ਹੋਏ ਬੰਦੇ ਹੀ ਹਉਮੈ ਤੋਂ ਛੁਟਕਾਰਾ ਪਾਣ ਦਾ ਰਾਹ ਲੱਭਦੇ ਹਨ,

40338	941	ਨਾਮਿ ਰਤੇ ਤ੍ਰਿਭਵਣ ਸੋਝੀ ਹੋਇ॥		Naam Rathae Thribhavan Sojhee Hoe ||	Attuned to the Naam, they understand the three worlds.	(ਕਿਉਂਕਿ) ਨਾਮ ਵਿਚ ਰੱਤੇ ਬੰਦਿਆਂ ਨੂੰ ਤ੍ਰਿਲੋਕੀ ਦੀ ਸੂਝ ਪੈ ਜਾਂਦੀ ਹੈ (ਭਾਵ, ਆਪਣੀ ਨਿੱਕੀ ਜਿਹੀ ਅਪਣੱਤ ਦੇ ਥਾਂ ਸਾਰੀ ਤ੍ਰਿਲੋਕੀ ਹੀ ਉਹਨਾਂ ਨੂੰ ਰੱਬੀ ਸਾਂਝ ਦੇ ਕਾਰਨ ਆਪਣੀ ਦਿੱਸਦੀ ਹੈ)।
40339	941	ਨਾਨਕ ਨਾਮਿ ਰਤੇ ਸਦਾ ਸੁਖੁ ਹੋਇ॥੩੨॥		Naanak Naam Rathae Sadhaa Sukh Hoe ||32||	O Nanak, attuned to the Naam, eternal peace is found. ||32||	ਹੇ ਨਾਨਕ! ਪ੍ਰਭੂ ਦੇ ਨਾਮ ਵਿਚ ਰੱਤੇ ਹੋਏ ਨੂੰ ਸਦਾ ਟਿਕੇ ਰਹਿਣ ਵਾਲਾ ਸੁਖ ਮਿਲਦਾ ਹੈ ॥੩੨॥
40340	941	ਨਾਮਿ ਰਤੇ ਸਿਧ ਗੋਸਟਿ ਹੋਇ॥	ਸਿੱਧ	Naam Rathae Sidhh Gosatt Hoe ||	Attuned to the Naam, they attain Sidh Gosht - conversation with the Siddhas.	(ਪ੍ਰਭੂ ਦੇ) ਨਾਮ ਵਿਚ ਰੱਤਿਆਂ ਹੀ ਪ੍ਰਭੂ ਨਾਲ ਮਿਲਾਪ ਹੁੰਦਾ ਹੈ।
40341	941	ਨਾਮਿ ਰਤੇ ਸਦਾ ਤਪੁ ਹੋਇ॥		Naam Rathae Sadhaa Thap Hoe ||	Attuned to the Naam, they practice intense meditation forever.	ਪ੍ਰਭੂ-ਨਾਮ ਵਿਚ ਰੰਗੇ ਰਹਿਣਾ ਹੀ ਸਦਾ ਕਾਇਮ ਰਹਿਣ ਵਾਲਾ ਪੁੰਨ-ਕਰਮ ਹੈ।
40342	941	ਨਾਮਿ ਰਤੇ ਸਚੁ ਕਰਣੀ ਸਾਰੁ॥		Naam Rathae Sach Karanee Saar ||	Attuned to the Naam, they live the true and excellent lifestyle.	ਨਾਮ ਵਿਚ ਲੱਗਣਾ ਹੀ ਸੱਚੀ ਤੇ ਉੱਤਮ ਕਰਣੀ ਹੈ।
40343	941	ਨਾਮਿ ਰਤੇ ਗੁਣ ਗਿਆਨ ਬੀਚਾਰੁ॥		Naam Rathae Gun Giaan Beechaar ||	Attuned to the Naam, they contemplate the Lord's virtues and spiritual wisdom.	ਨਾਮ ਵਿਚ ਰੱਤੇ ਰਿਹਾਂ ਹੀ ਪ੍ਰਭੂ ਦੇ ਗੁਣਾਂ ਨਾਲ ਜਾਣ-ਪਛਾਣ ਹੁੰਦੀ ਹੈ ਤੇ ਸਾਂਝ ਬਣਦੀ ਹੈ।
40344	941	ਬਿਨੁ ਨਾਵੈ ਬੋਲੈ ਸਭੁ ਵੇਕਾਰੁ॥		Bin Naavai Bolai Sabh Vaekaar ||	Without the Name, all that is spoken is useless.	(ਪ੍ਰਭੂ ਦੇ) ਨਾਮ ਤੋਂ ਬਿਨਾ ਮਨੁੱਖ ਜੋ ਬੋਲਦਾ ਹੈ ਵਿਅਰਥ ਹੈ।

40345	941	ਨਾਨਕ ਨਾਮਿ ਰਤੇ ਤਿਨ ਕਉ ਜੈਕਾਰੁ॥੩੩॥		Naanak Naam Rathae Thin Ko Jaikaar ||33||	O Nanak, attuned to the Naam, their victory is celebrated. ||33||	ਹੇ ਨਾਨਕ! ਜੋ ਮਨੁੱਖ ਨਾਮ ਵਿਚ ਰੱਤੇ ਹੋਏ ਹਨ, ਉਹਨਾਂ ਨੂੰ (ਸਾਡੀ) ਨਮਸਕਾਰ ਹੈ ॥੩੩॥
40346	941	ਪੂਰੇ ਗੁਰ ਤੇ ਨਾਮੁ ਪਾਇਆ ਜਾਇ॥		Poorae Gur Thae Naam Paaeiaa Jaae ||	Through the Perfect Guru, one obtains the Naam, the Name of the Lord.	(ਪ੍ਰਭੂ ਦਾ) ਨਾਮ ਗੁਰੂ ਤੋਂ ਮਿਲਦਾ ਹੈ;
40347	941	ਜੋਗ ਜੁਗਤਿ ਸਚਿ ਰਹੈ ਸਮਾਇ॥		Jog Jugath Sach Rehai Samaae ||	The Way of Yoga is to remain absorbed in Truth.	ਸੱਚੇ ਪ੍ਰਭੂ ਵਿਚ ਲੀਨ ਰਹਿਣਾ- ਇਹੀ ਹੈ (ਅਸਲ) ਜੋਗ ਦੀ ਜੁਗਤੀ।
40348	941	ਬਾਰਹ ਮਹਿ ਜੋਗੀ ਭਰਮਾਏ ਸੰਨਿਆਸੀ ਛਿਅ ਚਾਰਿ॥		Baareh Mehi Jogee Bharamaaeae Sanniaasee Shhia Chaar ||	The Yogis wander in the twelve schools of Yoga; the Sannyaasis in six and four.	(ਪਰ) ਜੋਗੀ ਲੋਕ (ਆਪਣੇ) ਬਾਰਾਂ ਫ਼ਿਰਕਿਆਂ (ਦੀ ਵੰਡ) ਵਿਚ (ਇਸ ਅਸਲ ਨਿਸ਼ਾਨੇ ਤੋਂ) ਭੁੱਲ ਰਹੇ ਹਨ ਤੇ ਸੰਨਿਆਸੀ ਲੋਕ (ਆਪਣੇ) ਦਸ ਫ਼ਿਰਕਿਆਂ (ਦੇ ਵਖੋ ਵੱਖ ਸਾਧਨਾਂ) ਵਿਚ।
40349	941	ਗੁਰ ਕੈ ਸਬਦਿ ਜੋ ਮਰਿ ਜੀਵੈ ਸੋ ਪਾਏ ਮੋਖ ਦੁਆਰੁ॥		Gur Kai Sabadh Jo Mar Jeevai So Paaeae Mokh Dhuaar ||	One who remains dead while yet alive, through the Word of the Guru's Shabad, finds the door of liberation.	ਜੋ ਮਨੁੱਖ ਸਤਿਗੁਰੂ ਦੇ ਸ਼ਬਦ ਦੀ ਰਾਹੀਂ (ਮਾਇਆ ਵਲੋਂ) ਮਰ ਕੇ ਜਿਉਂਦਾ ਹੈ ਉਹ (ਹਉਮੈ ਤੋਂ) ਖ਼ਲਾਸੀ ਦਾ ਰਾਹ ਲੱਭ ਲੈਂਦਾ ਹੈ।

40350	942	ਬਿਨੁ ਸਬਦੈ ਸਭਿ ਦੂਜੈ ਲਾਗੇ ਦੇਖਹੁ ਰਿਦੈ ਬੀਚਾਰਿ॥		Bin Sabadhai Sabh Dhoojai Laagae Dhaekhahu Ridhai Beechaar ||	Without the Shabad, all are attached to duality. Contemplate this in your heart, and see.	ਹਿਰਦੇ ਵਿਚ ਵਿਚਾਰ ਕੇ ਵੇਖ ਲਵੋ (ਭਾਵ, ਆਪਣਾ ਜ਼ਾਤੀ ਤਜਰਬਾ ਹੀ ਇਸ ਗੱਲ ਦੀ ਗਵਾਹੀ ਦੇ ਦੇਵੇਗਾ ਕਿ) ਗੁਰੂ ਦੇ ਸ਼ਬਦ (ਵਿਚ ਜੁੜਨ) ਤੋਂ ਬਿਨਾ ਸਾਰੇ ਲੋਕ (ਪ੍ਰਭੂ ਨੂੰ ਛੱਡ ਕੇ) ਹੋਰ (ਰੁਝੇਵੇਂ) ਵਿਚ ਲੱਗੇ ਰਹਿੰਦੇ ਹਨ।
40351	942	ਨਾਨਕ ਵਡੇ ਸੇ ਵਡਭਾਗੀ ਜਿਨੀ ਸਚੁ ਰਖਿਆ ਉਰ ਧਾਰਿ॥੩੪॥		Naanak Vaddae Sae Vaddabhaagee Jinee Sach Rakhiaa Our Dhhaar ||34||	O Nanak, blessed and very fortunate are those who keep the True Lord enshrined in their hearts. ||34||	ਹੇ ਨਾਨਕ! ਉਹ ਮਨੁੱਖ ਵੱਡੇ ਹਨ ਤੇ ਵੱਡੇ ਭਾਗਾਂ ਵਾਲੇ ਹਨ ਜਿਨ੍ਹਾਂ ਨੇ ਸੱਚੇ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਟਿਕਾ ਰੱਖਿਆ ਹੈ ॥੩੪॥
40352	942	ਗੁਰਮੁਖਿ ਰਤਨੁ ਲਹੈ ਲਿਵ ਲਾਇ॥		Guramukh Rathan Lehai Liv Laae ||	The Gurmukh obtains the jewel, lovingly focused on the Lord.	ਜੋ ਮਨੁੱਖ ਗੁਰੂ ਦੇ ਕਹੇ ਤੇ ਤੁਰਦਾ ਹੈ ਉਹ (ਪ੍ਰਭੂ ਵਿਚ) ਸੁਰਤ ਜੋੜ ਕੇ ਪ੍ਰਭੂ-ਨਾਮ-ਰੂਪ ਰਤਨ ਲੱਭ ਲੈਂਦਾ ਹੈ,
40353	942	ਗੁਰਮੁਖਿ ਪਰਖੈ ਰਤਨੁ ਸੁਭਾਇ॥		Guramukh Parakhai Rathan Subhaae ||	The Gurmukh intuitively recognizes the value of this jewel.	ਉਹ ਮਨੁੱਖ (ਇਸ) ਆਪਣੀ ਲਗਨ ਨਾਲ ਹੀ ਨਾਮ-ਰਤਨ ਦੀ ਕਦਰ ਜਾਣ ਲੈਂਦਾ ਹੈ।
40354	942	ਗੁਰਮੁਖਿ ਸਾਚੀ ਕਾਰ ਕਮਾਇ॥		Guramukh Saachee Kaar Kamaae ||	The Gurmukh practices Truth in action.	(ਬੱਸ! ਇਹੀ) ਸੱਚੀ ਕਾਰ ਗੁਰਮੁਖ ਕਮਾਂਦਾ ਹੈ,
40355	942	ਗੁਰਮੁਖਿ ਸਾਚੇ ਮਨੁ ਪਤੀਆਇ॥	ਪਤੀ-ਆਇ	Guramukh Saachae Man Patheeaae ||	The mind of the Gurmukh is pleased with the True Lord.	ਤੇ ਗੁਰਮੁਖ ਸੱਚੇ ਪ੍ਰਭੂ ਵਿਚ ਆਪਣੇ ਮਨ ਨੂੰ ਗਿਝਾ ਲੈਂਦਾ ਹੈ।

40356	942	ਗੁਰਮੁਖਿ ਅਲਖੁ ਲਖਾਏ ਤਿਸੁ ਭਾਵੈ॥	ਅ-ਲਖੁ: ਪੋਲਾ ਬੋਲੋ	Guramukh Alakh Lakhaaeae This Bhaavai ||	The Gurmukh sees the unseen, when it pleases the Lord.	(ਜਦੋਂ) ਉਸ ਪ੍ਰਭੂ ਨੂੰ ਭਾਉਂਦਾ ਹੈ ਤਾਂ ਗੁਰਮੁਖ ਉਸ ਅਲੱਖ ਪ੍ਰਭੂ (ਦੇ ਗੁਣਾਂ ਦੀ ਹੋਰਨਾਂ ਨੂੰ ਭੀ) ਸੂਝ ਪਾ ਦੇਂਦਾ ਹੈ।
40357	942	ਨਾਨਕ ਗੁਰਮੁਖਿ ਚੋਟ ਨ ਖਾਵੈ॥੩੫॥		Naanak Guramukh Chott N Khaavai ||35||	O Nanak, the Gurmukh does not have to endure punishment. ||35||	ਹੇ ਨਾਨਕ! ਜੋ ਮਨੁੱਖ ਗੁਰੂ ਦੇ ਕਹੇ ਤੇ ਤੁਰਦਾ ਹੈ ਉਹ (ਵਿਕਾਰਾਂ ਦੀ) ਮਾਰ ਨਹੀਂ ਖਾਂਦਾ ॥੩੫॥
40358	942	ਗੁਰਮੁਖਿ ਨਾਮੁ ਦਾਨੁ ਇਸਨਾਨੁ॥		Guramukh Naam Dhaan Eisanaan ||	The Gurmukh is blessed with the Name, charity and purification.	ਜੋ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰਦਾ ਹੈ, ਉਸ ਦਾ ਨਾਮ ਜਪਣਾ ਦਾਨ ਕਰਨਾ ਤੇ ਇਸ਼ਨਾਨ ਕਰਨਾ ਪ੍ਰਵਾਨ ਹੈ।
40359	942	ਗੁਰਮੁਖਿ ਲਾਗੈ ਸਹਜਿ ਧਿਆਨੁ॥		Guramukh Laagai Sehaj Dhhiaan ||	The Gurmukh centers his meditation on the celestial Lord.	ਗੁਰੂ ਦੇ ਸਨਮੁਖ ਹੋਇਆਂ ਹੀ ਅਡੋਲ ਅਵਸਥਾ ਵਿਚ ਸੁਰਤ ਜੁੜਦੀ ਹੈ।
40360	942	ਗੁਰਮੁਖਿ ਪਾਵੈ ਦਰਗਹ ਮਾਨੁ॥		Guramukh Paavai Dharageh Maan ||	The Gurmukh obtains honor in the Court of the Lord.	ਜੋ ਮਨੁੱਖ ਗੁਰੂ ਦੇ ਸਨਮੁਖ ਹੈ ਉਹ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਪਾਂਦਾ ਹੈ।
40361	942	ਗੁਰਮੁਖਿ ਭਉ ਭੰਜਨੁ ਪਰਧਾਨੁ॥		Guramukh Bho Bhanjan Paradhhaan ||	The Gurmukh obtains the Supreme Lord, the Destroyer of fear.	ਉਹ ਉਸ ਪ੍ਰਭੂ ਨੂੰ ਮਿਲ ਪੈਂਦਾ ਹੈ ਜੋ ਡਰ-ਸਹਿਮ ਨਾਸ ਕਰਨ ਵਾਲਾ ਹੈ ਤੇ ਜੋ ਸਭ ਦਾ ਮਾਲਕ ਹੈ।
40362	942	ਗੁਰਮੁਖਿ ਕਰਣੀ ਕਾਰ ਕਰਾਏ॥		Guramukh Karanee Kaar Karaaeae ||	The Gurmukh does good deeds, an inspires others to do so.	ਗੁਰਮੁਖ ਮਨੁੱਖ (ਹੋਰਨਾਂ ਪਾਸੇਂ ਭੀ ਇਹੀ, ਭਾਵ, ਗੁਰੂ ਦੇ ਹੁਕਮ ਵਿਚ ਤੁਰਨ ਵਾਲਾ) ਕਰਨ-ਜੋਗ ਕੰਮ ਕਰਾਂਦਾ ਹੈ,

40363	942	ਨਾਨਕ ਗੁਰਮੁਖਿ ਮੇਲਿ ਮਿਲਾਏ॥੩੬॥		Naanak Guramukh Mael Milaaeae ||36||	O Nanak, the Gurmukh unites in the Lord's Union. ||36||	(ਤੇ ਇਸ ਤਰ੍ਹਾਂ ਉਹਨਾਂ ਨੂੰ) ਹੇ ਨਾਨਕ! (ਪ੍ਰਭੂ ਦੇ) ਮੇਲ ਵਿਚ ਮਿਲਾ ਦੇਂਦਾ ਹੈ ॥੩੬॥
40364	942	ਗੁਰਮੁਖਿ ਸਾਸਤ੍ਰ ਸਿਮ੍ਰਿਤਿ ਬੇਦ॥	ਸਿਮ੍ਰਿਤਿ	Guramukh Saasathr Simrith Baedh ||	The Gurmukh understands the Simritees, the Shaastras and the Vedas.	ਜੋ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰਦਾ ਹੈ, ਉਹ (ਮਾਨੋ) ਸ਼ਾਸਤ੍ਰਾਂ ਸਿਮ੍ਰਿਤੀਆਂ ਤੇ ਵੇਦਾਂ ਦਾ ਗਿਆਨ ਹਾਸਲ ਕਰ ਚੁਕਾ ਹੈ, (ਭਾਵ, ਗੁਰੂ ਦੇ ਹੁਕਮ ਵਿਚ ਤੁਰਨਾ ਹੀ ਗੁਰਮੁਖਿ ਲਈ ਵੇਦਾਂ ਸ਼ਾਸਤ੍ਰਾਂ ਤੇ ਸਿਮ੍ਰਿਤੀਆਂ ਦਾ ਗਿਆਨ ਹੈ)।
40365	942	ਗੁਰਮੁਖਿ ਪਾਵੈ ਘਟ ਘਟਿ ਭੇਦ॥		Guramukh Paavai Ghatt Ghatt Bhaedh ||	The Gurmukh knows the secrets of each and every heart.	ਗੁਰੂ ਦੇ ਹੁਕਮ ਵਿਚ ਤੁਰ ਕੇ ਉਹ ਹਰੇਕ ਘਟ ਵਿਚ ਵਿਆਪਕ ਪ੍ਰਭੂ ਦਾ (ਸਰਬ-ਵਿਆਪਕਤਾ ਦਾ) ਭੇਤ ਸਮਝ ਲੈਂਦਾ ਹੈ,
40366	942	ਗੁਰਮੁਖਿ ਵੈਰ ਵਿਰੋਧ ਗਵਾਵੈ॥		Guramukh Vair Virodhh Gavaavai ||	The Gurmukh eliminates hate and envy.	(ਇਸ ਵਾਸਤੇ) ਗੁਰਮੁਖਿ (ਦੂਜਿਆਂ ਨਾਲ) ਵੈਰ-ਵਿਰੋਧ ਰੱਖਣਾ ਭੁਲਾ ਦੇਂਦਾ ਹੈ,
40367	942	ਗੁਰਮੁਖਿ ਸਗਲੀ ਗਣਤ ਮਿਟਾਵੈ॥		Guramukh Sagalee Ganath Mittaavai ||	The Gurmukh erases all accounting.	ਇਸ ਵੈਰ-ਵਿਰੋਧ ਦਾ) ਸਾਰਾ ਲੇਖਾ ਹੀ ਮਿਟਾ ਦੇਂਦਾ ਹੈ (ਭਾਵ, ਕਦੇ ਇਹ ਸੋਚ ਮਨ ਵਿਚ ਆਉਣ ਹੀ ਨਹੀਂ ਦੇਂਦਾ ਕਿ ਕਿਸੇ ਨੇ ਕਦੇ ਉਸ ਨਾਲ ਵਧੀਕੀ ਕੀਤੀ)।

40368	942	ਗੁਰਮੁਖਿ ਰਾਮ ਨਾਮ ਰੰਗਿ ਰਾਤਾ॥		Guramukh Raam Naam Rang Raathaa ||	The Gurmukh is imbued with love for the Lord's Name.	ਜੋ ਮਨੁੱਖ ਗੁਰੂ ਦੇ ਸਨਮੁਖ ਹੈ, ਉਹ ਪ੍ਰਭੂ ਦੇ ਨਾਮ ਦੇ ਪਿਆਰ ਵਿਚ ਰੱਤਾ ਰਹਿੰਦਾ ਹੈ।
40369	942	ਨਾਨਕ ਗੁਰਮੁਖਿ ਖਸਮੁ ਪਛਾਤਾ॥੩੭॥		Naanak Guramukh Khasam Pashhaathaa ||37||	O Nanak, the Gurmukh realizes his Lord and Master. ||37||	ਹੇ ਨਾਨਕ! ਗੁਰੂ ਦੇ ਸਨਮੁਖ ਮਨੁੱਖ ਨੇ ਖਸਮ (-ਪ੍ਰਭੂ) ਨੂੰ ਪਛਾਣ ਲਿਆ ਹੈ ॥੩੭॥
40370	942	ਬਿਨੁ ਗੁਰ ਭਰਮੈ ਆਵੈ ਜਾਇ॥		Bin Gur Bharamai Aavai Jaae ||	Without the Guru, one wanders, coming and going in reincarnation.	ਸਤਿਗੁਰੂ (ਦੀ ਸਰਨ ਆਉਣ) ਤੋਂ ਬਿਨਾ (ਮਨੁੱਖ ਮਾਇਆ ਵਿਚ) ਭਟਕਦਾ ਹੈ ਤੇ ਜੰਮਦਾ ਮਰਦਾ ਰਹਿੰਦਾ ਹੈ।
40371	942	ਬਿਨੁ ਗੁਰ ਘਾਲ ਨ ਪਵਈ ਥਾਇ॥		Bin Gur Ghaal N Pavee Thhaae ||	Without the Guru, one's work is useless.	ਗੁਰ-ਸਰਣ ਤੋਂ ਬਿਨਾ ਕੋਈ ਮੇਹਨਤ ਕਬੂਲ ਨਹੀਂ ਪੈਂਦੀ (ਕਿਉਂਕਿ "ਹਉ" ਟਿਕੀ ਰਹਿੰਦੀ ਹੈ)।
40372	942	ਬਿਨੁ ਗੁਰ ਮਨੂਆ ਅਤਿ ਡੋਲਾਇ॥		Bin Gur Manooaa Ath Ddolaae ||	Without the Guru, the mind is totally unsteady.	ਸਤਿਗੁਰੂ ਤੋਂ ਬਿਨਾ ਇਹ ਚੰਚਲ ਮਨ ਬਹੁਤ ਸੰਹਸਿਆਂ ਵਿਚ ਰਹਿੰਦਾ ਹੈ,
40373	942	ਬਿਨੁ ਗੁਰ ਤ੍ਰਿਪਤਿ ਨਹੀ ਬਿਖੁ ਖਾਇ॥		Bin Gur Thripath Nehee Bikh Khaae ||	Without the Guru, one is unsatisfied, and eats poison.	ਸਤਿਗੁਰੂ ਤੋਂ ਬਿਨਾ ਇਹ ਜ਼ਹਿਰ ਖਾ ਖਾ ਕੇ (ਭਾਵ ਦੁਨੀਆ ਦੇ ਪਦਾਰਥ ਮਾਣ ਮਾਣ ਕੇ) ਰੱਜੀਦਾ ਨਹੀਂ।
40374	942	ਬਿਨੁ ਗੁਰ ਬਿਸੀਅਰੁ ਡਸੈ ਮਰਿ ਵਾਟ॥	ਡੱਸੈ	Bin Gur Biseear Ddasai Mar Vaatt ||	Without the Guru, one is stung by the poisonous snake of Maya, and dies.	ਗੁਰੂ (ਦੇ ਰਾਹ ਤੇ ਤੁਰਨ) ਤੋਂ ਬਿਨਾ (ਜਗਤ ਦਾ ਮੋਹ-ਰੂਪ) ਸੱਪ ਡੰਗ ਮਾਰਦਾ ਰਹਿੰਦਾ ਹੈ, (ਜ਼ਿੰਦਗੀ ਦੇ ਸਫ਼ਰ ਦੇ) ਅੱਧ ਵਿਚ ਹੀ (ਆਤਮਕ ਮੌਤੇ) ਮਰੀਦਾ ਹੈ।

40375	942	ਨਾਨਕ ਗੁਰ ਬਿਨੁ ਘਾਟੇ ਘਾਟ॥੩੮॥		Naanak Gur Bin Ghaattae Ghaatt ||38||	O Nanak without the Guru, all is lost. ||38||	ਹੇ ਨਾਨਕ! ਸਤਿਗੁਰੂ ਦੇ (ਹੁਕਮ ਵਿਚ ਤੁਰਨ) ਤੋਂ ਬਿਨਾ ਮਨੁੱਖ ਨੂੰ (ਆਤਮਕ ਜੀਵਨ ਵਿਚ) ਘਾਟਾ ਹੀ ਘਾਟਾ ਰਹਿੰਦਾ ਹੈ ॥੩੮॥
40376	942	ਜਿਸੁ ਗੁਰੁ ਮਿਲੈ ਤਿਸੁ ਪਾਰਿ ਉਤਾਰੈ॥		Jis Gur Milai This Paar Outhaarai ||	One who meets the Guru is carried across.	ਜਿਸ ਮਨੁੱਖ ਨੂੰ ਸਤਿਗੁਰ ਮਿਲ ਪੈਂਦਾ ਹੈ ਉਸ ਨੂੰ (ਉਹ "ਦੁਤਰ ਸਾਗਰ" ਤੋਂ) ਪਾਰ ਲੰਘਾ ਲੈਂਦਾ ਹੈ,
40377	942	ਅਵਗਣ ਮੇਟੈ ਗੁਣਿ ਨਿਸਤਾਰੈ॥		Avagan Maettai Gun Nisathaarai ||	His sins are erased, and he is emancipated through virtue.	ਗੁਰੂ ਉਸ ਦੇ ਅਉਗਣ ਮਿਟਾ ਦੇਂਦਾ ਹੈ ਤੇ ਗੁਣ ਦੇ ਕੇ ਉਸ ਨੂੰ (ਵਿਕਾਰਾਂ ਤੋਂ) ਬਚਾ ਲੈਂਦਾ ਹੈ।
40378	942	ਮੁਕਤਿ ਮਹਾ ਸੁਖ ਗੁਰ ਸਬਦੁ ਬੀਚਾਰਿ॥		Mukath Mehaa Sukh Gur Sabadh Beechaar ||	The supreme peace of liberation is attained, contemplating the Word of the Guru's Shabad.	ਸਤਿਗੁਰੂ ਦਾ ਸ਼ਬਦ ਵਿਚਾਰ ਕੇ ਉਸ ਨੂੰ (ਮਾਇਆ ਦੇ ਬੰਧਨਾਂ ਤੋਂ) ਆਜ਼ਾਦੀ ਦਾ ਵੱਡਾ ਸੁਖ ਮਿਲਦਾ ਹੈ।
40379	942	ਗੁਰਮੁਖਿ ਕਦੇ ਨ ਆਵੈ ਹਾਰਿ॥		Guramukh Kadhae N Aavai Haar ||	The Gurmukh is never defeated.	ਜੋ ਮਨੁੱਖ ਗੁਰੂ ਦੇ ਸਨਮੁਖ (ਹੈ ਉਹ ਜ਼ਿੰਦਗੀ ਦੀ ਬਾਜ਼ੀ ਕਦੇ) ਹਾਰ ਕੇ ਨਹੀਂ ਆਉਂਦਾ।
40380	942	ਤਨੁ ਹਟੜੀ ਇਹੁ ਮਨੁ ਵਣਜਾਰਾ॥		Than Hattarree Eihu Man Vanajaaraa ||	In the store of the body, this mind is the merchant;	ਗੁਰਮੁਖ (ਆਪਣੇ) ਸਰੀਰ ਨੂੰ ਸੋਹਣੀ ਜਿਹੀ ਹੱਟੀ ਤੇ ਮਨ ਨੂੰ ਵਪਾਰੀ ਬਣਾਂਦਾ ਹੈ,
40381	942	ਨਾਨਕ ਸਹਜੇ ਸਚੁ ਵਾਪਾਰਾ॥੩੯॥		Naanak Sehajae Sach Vaapaaraa ||39||	O Nanak, it deals intuitively in Truth. ||39||	ਹੇ ਨਾਨਕ! ਅਡੋਲਤਾ ਵਿਚ ਰਹਿ ਕੇ ਪਰਮਾਤਮਾ ਦਾ ਨਾਮ-ਵਣਜ ਕਰਦਾ ਹੈ ॥੩੯॥

40382	942	ਗੁਰਮੁਖਿ ਬਾਂਧਿਓ ਸੇਤੁ ਬਿਧਾਤੈ॥		Guramukh Baandhhiou Saeth Bidhhaathai ||	The Gurmukh is the bridge, built by the Architect of Destiny.	ਕਰਤਾਰ ਨੇ (ਸੰਸਾਰ-ਸਮੁੰਦਰ ਤੇ) ਗੁਰਮੁਖਿ-ਰੂਪ ਪੁਲ ਬੰਨ੍ਹ ਦਿੱਤਾ (ਜਿਵੇਂ ਰਾਮਚੰਦ੍ਰ ਜੀ ਨੇ ਸੀਤਾ ਨੂੰ ਲਿਆਉਣ ਵਾਸਤੇ ਸਮੁੰਦਰ ਤੇ ਪੁਲ ਬੱਧਾ ਸੀ)।
40383	942	ਲੰਕਾ ਲੂਟੀ ਦੈਤ ਸੰਤਾਪੈ ॥		Lankaa Loottee Dhaith Santhaapai ||	The demons of passion which plundered Sri Lanka - the body - have been conquered.	(ਰਾਮਚੰਦ੍ਰ ਜੀ ਨੇ) ਲੰਕਾ ਲੁੱਟੀ ਤੇ ਰਾਖਸ਼ ਮਾਰੇ, (ਤਿਵੇਂ ਗੁਰੂ ਨੇ ਕਾਮਾਦਿਕਾਂ ਦੇ ਵੱਸ ਵਿਚ ਪਏ ਸਰੀਰ ਨੂੰ ਉਹਨਾਂ ਤੋਂ ਛੁਡਾ ਲਿਆ ਤੇ ਉਹ ਪੰਜ ਦੂਤ ਵੱਸ ਵਿਚ ਹੋ ਗਏ)।
40384	942	ਰਾਮਚੰਦਿ ਮਾਰਿਓ ਅਹਿ ਰਾਵਣੁ॥	ਅਹਿਹੰਕਾਰੀ, ਸੱਪ	Raamachandh Maariou Ahi Raavan ||	Ram Chand - the mind - has slaughtered Raawan - pride;	ਰਾਮਚੰਦ੍ਰ (ਜੀ) ਨੇ ਰਾਵਣ ਨੂੰ ਮਾਰਿਆ ਤਿਵੇਂ ਗੁਰਮੁਖ ਨੇ ਮਨ-ਸੱਪ ਨੂੰ ਮਾਰ ਦਿੱਤਾ;
40385	942	ਭੇਦੁ ਬਭੀਖਣ ਗੁਰਮੁਖਿ ਪਰਚਾਇਣੁ॥		Bhaedh Babheekhan Guramukh Parachaaein ||	The Gurmukh understands the secret revealed by Babheekhan.	ਸਤਿਗੁਰੂ ਦਾ ਉਪਦੇਸ਼ (ਮਨ ਨੂੰ ਮਾਰਨ ਵਿਚ ਇਉਂ ਕੰਮ ਆਇਆ ਜਿਵੇਂ) ਬਭੀਖਣ ਦਾ ਭੇਤ ਦੱਸਣਾ (ਰਾਵਣ ਨੂੰ ਮਾਰਨ ਲਈ ਕੰਮ ਆਇਆ)।
40386	942	ਗੁਰਮੁਖਿ ਸਾਇਰਿ ਪਾਹਣ ਤਾਰੇ॥		Guramukh Saaeir Paahan Thaarae ||	The Gurmukh carries even stones across the ocean.	(ਰਾਮਚੰਦ੍ਰ ਜੀ ਨੇ ਪੁਲ ਬੰਨ੍ਹਣ ਵੇਲੇ ਪੱਥਰ ਸਮੁੰਦਰ ਤੇ ਤਾਰੇ) ਸਤਿਗੁਰੂ ਨੇ (ਸੰਸਾਰ-) ਸਮੁੰਦਰ ਤੋਂ (ਪੱਥਰ-ਦਿਲਾਂ ਨੂੰ) ਤਾਰ ਦਿੱਤਾ,
40387	942	ਗੁਰਮੁਖਿ ਕੋਟਿ ਤੇਤੀਸ ਉਧਾਰੇ॥੪੦॥		Guramukh Kott Thaethees Oudhhaarae ||40||	The Gurmukh saves millions of people. ||40||	ਗੁਰੂ ਦੀ ਰਾਹੀਂ ਤੇਤੀ ਕਰੋੜ (ਭਾਵ, ਬੇਅੰਤ ਜੀਵ) ਤਰ ਗਏ ਹਨ ॥੪੦॥

40388	942	ਗੁਰਮੁਖਿ ਚੂਕੈ ਆਵਣ ਜਾਣੁ॥		Guramukh Chookai Aavan Jaan ||	The comings and goings in reincarnation are ended for the Gurmukh.	ਜੋ ਮਨੁੱਖ ਗੁਰੂ ਦੇ ਹੁਕਮ ਵਿਚ ਤੁਰਦਾ ਹੈ ਉਸ ਦਾ ਜਨਮ ਮਰਨ ਦਾ ਚੱਕਰ ਮੁੱਕ ਜਾਂਦਾ ਹੈ,
40389	942	ਗੁਰਮੁਖਿ ਦਰਗਹ ਪਾਵੈ ਮਾਣੁ॥		Guramukh Dharageh Paavai Maan ||	The Gurmukh is honored in the Court of the Lord.	ਉਹ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਲੈਂਦਾ ਹੈ।
40390	942	ਗੁਰਮੁਖਿ ਖੋਟੇ ਖਰੇ ਪਛਾਣੁ॥		Guramukh Khottae Kharae Pashhaan ||	The Gurmukh distinguishes the true from the false.	ਗੁਰੂ ਦੇ ਸਨਮੁਖ ਮਨੁੱਖ ਖੋਟੇ ਤੇ ਖਰੇ ਕੰਮਾਂ ਦਾ ਭੇਤੀ ਹੋ ਜਾਂਦਾ ਹੈ।
40391	942	ਗੁਰਮੁਖਿ ਲਾਗੈ ਸਹਜਿ ਧਿਆਨੁ॥		Guramukh Laagai Sehaj Dhhiaan ||	The Gurmukh focuses his meditation on the celestial Lord.	(ਇਸ ਵਾਸਤੇ ਖੋਟੇ ਕੰਮਾਂ ਵਿਚ ਫਸਦਾ ਨਹੀਂ ਤੇ) ਅਡੋਲਤਾ ਵਿਚ ਉਸ ਦੀ ਸੁਰਤ ਜੁੜੀ ਰਹਿੰਦੀ ਹੈ।
40392	942	ਗੁਰਮੁਖਿ ਦਰਗਹ ਸਿਫਤਿ ਸਮਾਇ॥		Guramukh Dharageh Sifath Samaae ||	In the Court of the Lord, the Gurmukh is absorbed in His Praises.	ਗੁਰਮੁਖਿ ਮਨੁੱਖ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਰਾਹੀਂ ਪ੍ਰਭੂ ਦੀ ਹਜ਼ੂਰੀ ਵਿਚ ਟਿਕਿਆ ਰਹਿੰਦਾ ਹੈ।
40393	942	ਨਾਨਕ ਗੁਰਮੁਖਿ ਬੰਧੁ ਨ ਪਾਇ॥੪੧॥		Naanak Guramukh Bandhh N Paae ||41||	O Nanak, the Gurmukh is not bound by bonds. ||41||	(ਇਸ ਤਰ੍ਹਾਂ) ਹੇ ਨਾਨਕ! ਗੁਰਮੁਖ (ਦੀ ਜ਼ਿੰਦਗੀ) ਦੇ ਰਾਹ ਵਿਚ (ਵਿਕਾਰਾਂ ਦੀ) ਕੋਈ ਰੋਕ ਨਹੀਂ ਪੈਂਦੀ ॥੪੧॥
40394	942	ਗੁਰਮੁਖਿ ਨਾਮੁ ਨਿਰੰਜਨ ਪਾਏ॥		Guramukh Naam Niranjan Paaeae ||	The Gurmukh obtains the Name of the Immaculate Lord.	ਗੁਰੂ ਦੇ ਹੁਕਮ ਵਿਚ ਤੁਰਨ ਵਾਲਾ ਮਨੁੱਖ ਨਿਰੰਜਨ ਦਾ ਨਾਮ ਪ੍ਰਾਪਤ ਕਰਦਾ ਹੈ,
40395	942	ਗੁਰਮੁਖਿ ਹਉਮੈ ਸਬਦਿ ਜਲਾਏ॥		Guramukh Houmai Sabadh Jalaaeae ||	Through the Shabad, the Gurmukh burns away his ego.	(ਕਿਉਂਕਿ) ਉਹ (ਆਪਣੀ) ਹਉਮੈ ਗੁਰੂ ਦੇ ਸ਼ਬਦ ਦੀ ਰਾਹੀਂ ਸਾੜ ਦੇਂਦਾ ਹੈ।

40396	942	ਗੁਰਮੁਖਿ ਸਾਚੇ ਕੇ ਗੁਣ ਗਾਏ॥		Guramukh Saachae Kae Gun Gaaeae ||	The Gurmukh sings the Glorious Praises of the True Lord.	ਗੁਰੂ ਦੇ ਸਨਮੁਖ ਹੋ ਕੇ ਮਨੁੱਖ ਸੱਚੇ ਪ੍ਰਭੂ ਦੇ ਗੁਣ ਗਾਉਂਦਾ ਹੈ,
40397	942	ਗੁਰਮੁਖਿ ਸਾਚੈ ਰਹੈ ਸਮਾਏ॥		Guramukh Saachai Rehai Samaaeae ||	The Gurmukh remains absorbed in the True Lord.	ਤੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਲੀਨ ਰਹਿੰਦਾ ਹੈ।
40398	942	ਗੁਰਮੁਖਿ ਸਾਚਿ ਨਾਮਿ ਪਤਿ ਊਤਮ ਹੋਇ॥		Guramukh Saach Naam Path Ootham Hoe ||	Through the True Name, the Gurmukh is honored and exalted.	ਸੱਚੇ ਨਾਮ ਵਿਚ ਜੁੜੇ ਰਹਿਣ ਕਰਕੇ ਗੁਰਮੁਖ ਨੂੰ ਉੱਚੀ ਇੱਜ਼ਤ ਮਿਲਦੀ ਹੈ।
40399	942	ਨਾਨਕ ਗੁਰਮੁਖਿ ਸਗਲ ਭਵਣ ਕੀ ਸੋਝੀ ਹੋਇ॥੪੨॥		Naanak Guramukh Sagal Bhavan Kee Sojhee Hoe ||42||	O Nanak, the Gurmukh understands all the worlds. ||42||	ਹੇ ਨਾਨਕ! ਗੁਰਮੁਖ ਮਨੁੱਖ ਨੂੰ ਸਾਰੇ ਭਵਨਾਂ ਦੀ ਸੋਝੀ ਹੋ ਜਾਂਦੀ ਹੈ (ਭਾਵ, ਗੁਰਮੁਖ ਨੂੰ ਇਹ ਸਮਝ ਆ ਜਾਂਦੀ ਹੈ ਕਿ ਪ੍ਰਭੂ ਸਾਰੇ ਹੀ ਭਵਨਾਂ ਵਿਚ ਮੌਜੂਦ ਹੈ) ॥੪੨॥
40400	942	ਕਵਣ ਮੂਲੁ ਕਵਣ ਮਤਿ ਵੇਲਾ॥	ਵੇਲਾ: ਪੋਲਾ ਬੋਲੋ	Kavan Mool Kavan Math Vaelaa ||	"What is the root, the source of all? What teachings hold for these times?	
40401	942	ਤੇਰਾ ਕਵਣੁ ਗੁਰੂ ਜਿਸ ਕਾ ਤੂ ਚੇਲਾ॥		Thaeraa Kavan Guroo Jis Kaa Thoo Chaelaa ||	Who is your guru? Whose disciple are you?	
40402	942	ਕਵਣ ਕਥਾ ਲੇ ਰਹਹੁ ਨਿਰਾਲੇ॥	ਰਹ-ਹੁ	Kavan Kathhaa Lae Rehahu Niraalae ||	What is that speech, by which you remain unattached?	

40403	942	ਬੋਲੈ ਨਾਨਕੁ ਸੁਣਹੁ ਤੁਮ ਬਾਲੇ॥		Bolai Naanak Sunahu Thum Baalae ||	Listen to what we say, O Nanak, you little boy.	
40404	942	ਏਸੁ ਕਥਾ ਕਾ ਦੇਇ ਬੀਚਾਰੁ॥		Eaes Kathhaa Kaa Dhaee Beechaar ||	Give us your opinion on what we have said.	
40405	942	ਭਵਜਲੁ ਸਬਦਿ ਲੰਘਾਵਣਹਾਰੁ॥੪੩॥		Bhavajal Sabadh Langhaavanehaar ||43||	How can the Shabad carry us across the terrifying world-ocean?""||43||	
40406	943	ਪਵਨ ਅਰੰਭੁ ਸਤਿਗੁਰ ਮਤਿ ਵੇਲਾ॥		Pavan Aranbh Sathigur Math Vaelaa ||	From the air came the beginning. This is the age of the True Guru's Teachings.	
40407	943	ਸਬਦੁ ਗੁਰੂ ਸੁਰਤਿ ਧੁਨਿ ਚੇਲਾ॥		Sabadh Guroo Surath Dhhun Chaelaa ||	The Shabad is the Guru, upon whom I lovingly focus my consciousness; I am the chaylaa, the disciple.	
40408	943	ਅਕਥ ਕਥਾ ਲੇ ਰਹਉ ਨਿਰਾਲਾ॥	ਅ-ਕਥ: ਪੋਲਾ ਬੋਲੋ	Akathh Kathhaa Lae Reho Niraalaa ||	Speaking the Unspoken Speech, I remain unattached.	
40409	943	ਨਾਨਕ ਜੁਗਿ ਜੁਗਿ ਗੁਰ ਗੋਪਾਲਾ॥		Naanak Jug Jug Gur Gopaalaa ||	O Nanak, throughout the ages, the Lord of the World is my Guru.	ਤੇ, ਹੇ ਨਾਨਕ! ਉਹ ਗੁਰ-ਗੋਪਾਲ ਹਰੇਕ ਜੁਗ ਵਿਚ ਮੌਜੂਦ ਹੈ।

40410	943	ਏਕੁ ਸਬਦੁ ਜਿਤੁ ਕਥਾ ਵੀਚਾਰੀ॥		Eaek Sabadh Jith Kathhaa Veechaaree ||	I contemplate the sermon of the Shabad, the Word of the One God.	ਕੇਵਲ ਗੁਰ-ਸ਼ਬਦ ਹੀ ਹੈ ਜਿਸ ਦੀ ਰਾਹੀਂ ਪ੍ਰਭੂ ਦੇ ਗੁਣ ਵਿਚਾਰੇ ਜਾ ਸਕਦੇ ਹਨ,
40411	943	ਗੁਰਮੁਖਿ ਹਉਮੈ ਅਗਨਿ ਨਿਵਾਰੀ॥੪੪॥		Guramukh Houmai Agan Nivaaree ||44||	The Gurmukh puts out the fire of egotism. ||44||	(ਇਸ ਸ਼ਬਦ ਦੀ ਰਾਹੀਂ ਹੀ) ਗੁਰਮੁਖ ਮਨੁੱਖ ਨੇ ਹਉਮੈ (ਖ਼ੁਦ-ਗਰਜ਼ੀ ਦੀ) ਅੱਗ (ਆਪਣੇ ਅੰਦਰੋਂ) ਦੂਰ ਕੀਤੀ ਹੈ ॥੪੪॥
40412	943	ਮੈਣ ਕੇ ਦੰਤ ਕਿਉ ਖਾਈਐ ਸਾਰੁ॥		Main Kae Dhanth Kio Khaaeeai Saar ||	"With teeth of wax, how can one chew iron?	(ਜੋਗੀਆਂ ਦਾ ਪ੍ਰਸ਼ਨ) ਕਿਸ ਤਰ੍ਹਾਂ (ਮਨੁੱਖ ਦੇ ਮਨ ਵਿਚ) ਸੀਤਲਤਾ ਦਾ ਘਰ ਚੰਦ੍ਰਮਾ ਟਿਕਿਆ ਰਹੇ (ਭਾਵ, ਕਿਸ ਤਰ੍ਹਾਂ ਮਨ ਵਿਚ ਸਦਾ ਠੰਡ-ਸ਼ਾਂਤੀ ਬਣੀ ਰਹੇ)?
40413	943	ਜਿਤੁ ਗਰਬੁ ਜਾਇ ਸੁ ਕਵਣੁ ਆਹਾਰੁ॥		Jith Garab Jaae S Kavan Aahaar ||	What is that food, which takes away pride?	
40414	943	ਹਿਵੈ ਕਾ ਘਰੁ ਮੰਦਰੁ ਅਗਨਿ ਪਿਰਾਹਨੁ॥	(ਹਿਵੈ) ਬਰਫ਼। ਕਾਦਾ। (ਪਿਰਾਹਨੁ) ਚੋਲਾ	Hivai Kaa Ghar Mandhar Agan Piraahan ||	How can one live in the palace, the home of snow, wearing robes of fire?	
40415	943	ਕਵਨ ਗੁਫਾ ਜਿਤੁ ਰਹੈ ਅਵਾਹਨੁ॥		Kavan Gufaa Jith Rehai Avaahan ||	Where is that cave, within which one may remain unshaken?	

40416	943	ਇਤ ਉਤ ਕਿਸ ਕਉ ਜਾਣਿ ਸਮਾਵੈ॥		Eith Outh Kis Ko Jaan Samaavai ||	Who should we know to be pervading here and there?	
40417	943	ਕਵਨ ਧਿਆਨੁ ਮਨੁ ਮਨਹਿ ਸਮਾਵੈ॥੪੫॥		Kavan Dhhiaan Man Manehi Samaavai ||45||	What is that meditation, which leads the mind to be absorbed in itself?""||45||	
40418	943	ਹਉ ਹਉ ਮੈ ਮੈ ਵਿਚਹੁ ਖੋਵੈ॥		Ho Ho Mai Mai Vichahu Khovai ||	Eradicating egotism and individualism from within,	
40419	943	ਦੂਜਾ ਮੇਟੈ ਏਕੋ ਹੋਵੈ॥		Dhoojaa Maettai Eaeko Hovai ||	And erasing duality, the mortal becomes one with God.	
40420	943	ਜਗੁ ਕਰੜਾ ਮਨਮੁਖੁ ਗਾਵਾਰੁ॥		Jag Kararraa Manamukh Gaavaar ||	The world is difficult for the foolish, self-willed manmukh;	
40421	943	ਸਬਦੁ ਕਮਾਈਐ ਖਾਈਐ ਸਾਰੁ॥		Sabadh Kamaaeeai Khaaeeai Saar ||	Practicing the Shabad, one chews iron.	
40422	943	ਅੰਤਰਿ ਬਾਹਰਿ ਏਕੋ ਜਾਣੈ॥		Anthar Baahar Eaeko Jaanai ||	Know the One Lord, inside and out.	
40423	943	ਨਾਨਕ ਅਗਨਿ ਮਰੈ ਸਤਿਗੁਰ ਕੈ ਭਾਣੈ॥੪੬॥		Naanak Agan Marai Sathigur Kai Bhaanai ||46||	O Nanak, the fire is quenched, through the Pleasure of the True Guru's Will. ||46||	

40424	943	ਸਚ ਭੈ ਰਾਤਾ ਗਰਬੁ ਨਿਵਾਰੈ॥		Sach Bhai Raathaa Garab Nivaarai ||	Imbued with the True Fear of God, pride is taken away;	
40425	943	ਏਕੋ ਜਾਤਾ ਸਬਦੁ ਵੀਚਾਰੈ॥		Eaeko Jaathaa Sabadh Veechaarai ||	Realize that He is One, and contemplate the Shabad.	
40426	943	ਸਬਦੁ ਵਸੈ ਸਚੁ ਅੰਤਰਿ ਹੀਆ॥		Sabadh Vasai Sach Anthar Heeaa ||	With the True Shabad abiding deep within the heart,	
40427	943	ਤਨੁ ਮਨੁ ਸੀਤਲੁ ਰੰਗਿ ਰੰਗੀਆ॥		Than Man Seethal Rang Rangeeaa ||	The body and mind are cooled and soothed, and colored with the Lord's Love.	
40428	943	ਕਾਮੁ ਕ੍ਰੋਧੁ ਬਿਖੁ ਅਗਨਿ ਨਿਵਾਰੇ॥		Kaam Krodhh Bikh Agan Nivaarae ||	The fire of sexual desire, anger and corruption is quenched.	
40429	943	ਨਾਨਕ ਨਦਰੀ ਨਦਰਿ ਪਿਆਰੇ॥੪੭॥		Naanak Nadharee Nadhar Piaarae ||47||	O Nanak, the Beloved bestows His Glance of Grace. ||47||	
40430	943	ਕਵਨ ਮੁਖਿ ਚੰਦੁ ਹਿਵੈ ਘਰੁ ਛਾਇਆ॥		Kavan Mukh Chandh Hivai Ghar Shhaaeiaa ||	"The moon of the mind is cool and dark; how is it enlightened?	

40431	943	ਕਵਨ ਮੁਖਿ ਸੂਰਜੁ ਤਪੈ ਤਪਾਇਆ॥		Kavan Mukh Sooraj Thapai Thapaaeiaa ||	How does the sun blaze so brilliantly?	ਕਿਸ ਤਰ੍ਹਾਂ (ਮਨ ਵਿਚ) ਗਿਆਨ ਦਾ ਸੂਰਜ ਤਪਾਇਆ ਤਪਦਾ ਰਹੇ (ਭਾਵ, ਕਿਵੇਂ ਗਿਆਨ ਦਾ ਪ੍ਰਕਾਸ਼ ਸਦਾ ਬਣਿਆ ਰਹੇ)?
40432	943	ਕਵਨ ਮੁਖਿ ਕਾਲੁ ਜੋਹਤ ਨਿਤ ਰਹੈ॥		Kavan Mukh Kaal Johath Nith Rehai ||	How can the constant watchful gaze of Death be turned away?	ਕਿਸ ਤਰ੍ਹਾਂ ਕਾਲ ਨਿਤ ਤੱਕਣੋਂ ਰਹਿ ਜਾਏ (ਭਾਵ, ਕਿਵੇਂ ਹਰ ਵੇਲੇ ਦਾ ਮੌਤ ਦਾ ਸਹਿਮ ਮੁੱਕ ਜਾਏ)?
40433	943	ਕਵਨ ਬੁਧਿ ਗੁਰਮੁਖਿ ਪਤਿ ਰਹੈ॥		Kavan Budhh Guramukh Path Rehai ||	By what understanding is the honor of the Gurmukh preserved?	ਉਹ ਕੇਹੜੀ ਸਮਝ ਹੈ ਜਿਸ ਕਰਕੇ ਗੁਰਮੁਖਿ ਮਨੁੱਖ ਦੀ ਇੱਜ਼ਤ ਬਣੀ ਰਹਿੰਦੀ ਹੈ?
40434	943	ਕਵਨੁ ਜੋਧੁ ਜੋ ਕਾਲੁ ਸੰਘਾਰੈ॥		Kavan Jodhh Jo Kaal Sanghaarai ||	Who is the warrior, who conquers Death?	ਉਹ ਕੇਹੜਾ ਸੂਰਮਾ ਹੈ ਜੋ ਮੌਤ ਨੂੰ (ਮੌਤ ਦੇ ਭਉ ਨੂੰ) ਮਾਰ ਲੈਂਦਾ ਹੈ?
40435	943	ਬੋਲੈ ਬਾਣੀ ਨਾਨਕੁ ਬੀਚਾਰੈ॥੪੮॥		Bolai Baanee Naanak Beechaarai ||48||	Give us your thoughtful reply, O Nanak.""||48||	ਨਾਨਕ ਕਹਿੰਦਾ ਹੈ, 'ਗੋਸਟਿ' ਦੇ ਸਿਲਸਿਲੇ ਵਿਚ (ਜੋਗੀਆਂ ਨੇ ਪੁੱਛਿਆ-) ਕਿ ਇਹ ਵੀਚਾਰ ਦੀ ਗੱਲ ਦੱਸੋ ॥੪੮॥
40436	943	ਸਬਦੁ ਭਾਖਤ ਸਸਿ ਜੋਤਿ ਅਪਾਰਾ॥		Sabadh Bhaakhath Sas Joth Apaaraa ||	Giving voice to the Shabad, the moon of the mind is illuminated with infinity.	(ਉੱਤਰ:) (ਜਦੋਂ) ਸਤਿਗੁਰੂ ਦਾ ਸ਼ਬਦ ਉੱਚਾਰਦਿਆਂ (ਹਿਰਦੇ ਵਿਚ) ਚੰਦ੍ਰਮਾ ਦੀ ਅਪਾਰ ਜੋਤਿ ਪਰਗਟ ਹੋ ਜਾਂਦੀ ਹੈ (ਭਾਵ, ਹਿਰਦੇ ਵਿਚ ਸ਼ਾਂਤੀ ਪੈਦਾ ਹੁੰਦੀ ਹੈ),

40437	943	ਸਸਿ ਘਰਿ ਸੂਰੁ ਵਸੈ ਮਿਟੈ ਅੰਧਿਆਰਾ॥		Sas Ghar Soor Vasai Mittai Andhhiaaraa ||	When the sun dwells in the house of the moon, the darkness is dispelled.	ਚੰਦ੍ਰਮਾ ਦੇ ਘਰ ਵਿਚ ਸੂਰਜ ਆ ਵੱਸਦਾ ਹੈ (ਭਾਵ, ਸ਼ਾਂਤ ਹਿਰਦੇ ਵਿਚ ਗਿਆਨ ਦਾ ਸੂਰਜ ਚੜ੍ਹ ਪੈਂਦਾ ਹੈ, ਤਦੋਂ ਅਗਿਆਨਤਾ ਦਾ) ਹਨੇਰਾ ਮਿਟ ਜਾਂਦਾ ਹੈ।
40438	943	ਸੁਖੁ ਦੁਖੁ ਸਮ ਕਰਿ ਨਾਮੁ ਅਧਾਰਾ॥		Sukh Dhukh Sam Kar Naam Adhhaaraa ||	Pleasure and pain are just the same, when one takes the Support of the Naam, the Name of the Lord.	(ਗੁਰ-ਸ਼ਬਦ ਦੀ ਬਰਕਤਿ ਨਾਲ ਜਦੋਂ ਗੁਰਮੁਖਿ) ਸੁਖ ਅਤੇ ਦੁੱਖ ਨੂੰ ਇਕੋ ਜਿਹਾ ਜਾਣ ਕੇ 'ਨਾਮ' ਨੂੰ (ਜ਼ਿੰਦਗੀ ਦਾ) ਆਸਰਾ ਬਣਾਂਦਾ ਹੈ (ਭਾਵ, ਜਦੋਂ ਨਾਹ ਸੁਖ ਵਿਚ ਤੇ ਨਾਹ ਦੁੱਖ ਵੇਲੇ ਪ੍ਰਭੂ ਨੂੰ ਭੁਲਾਵੇ)
40439	943	ਆਪੇ ਪਾਰਿ ਉਤਾਰਣਹਾਰਾ॥	ਉਤਾਰਣ-ਹਾਰਾ	Aapae Paar Outhaaranehaaraa ||	He Himself saves, and carries us across.	(ਤਦੋਂ) ਤਾਰਨਹਾਰ ਪ੍ਰਭੂ ਉਸ ਨੂੰ ਆਪ ਹੀ ("ਦੁਤਰ ਸਾਗਰ" ਤੋਂ) ਪਾਰ ਲੰਘਾ ਲੈਂਦਾ ਹੈ।
40440	943	ਗੁਰ ਪਰਚੈ ਮਨੁ ਸਾਚਿ ਸਮਾਇ॥		Gur Parachai Man Saach Samaae ||	With faith in the Guru, the mind merges in Truth,	ਸਤਿਗੁਰੂ ਨਾਲ ਡੂੰਘੀ ਸਾਂਝ ਬਣਾਇਆਂ (ਗੁਰਮੁਖ ਦਾ) ਮਨ ਸੱਚੇ ਪ੍ਰਭੂ ਵਿਚ ਲੀਨ ਰਹਿੰਦਾ ਹੈ,
40441	943	ਪ੍ਰਣਵਤਿ ਨਾਨਕੁ ਕਾਲੁ ਨ ਖਾਇ॥੪੯॥		Pranavath Naanak Kaal N Khaae ||49||	And then, prays Nanak, one is not consumed by Death. ||49||	ਤੇ ਨਾਨਕ ਬੇਨਤੀ ਕਰਦਾ ਹੈ ਉਸ ਨੂੰ ਮੌਤ ਦਾ ਡਰ ਨਹੀਂ ਵਿਆਪਦਾ ॥੪੯॥
40442	943	ਨਾਮ ਤਤੁ ਸਭ ਹੀ ਸਿਰਿ ਜਾਪੈ॥		Naam Thath Sabh Hee Sir Jaapai ||	The essence of the Naam, the Name of the Lord, is known to be the most exalted and excellent of all.	ਪ੍ਰਭੂ ਦੇ ਨਾਮ ਦੀ ਸੱਚਾਈ (ਹਿਰਦੇ ਵਿਚ ਸਹੀ ਕਰਨੀ) ਸਾਰੇ ਜਾਪਾਂ ਦਾ ਸ਼ਿਰੋਮਣੀ (ਜਾਪ) ਹੈ।

40443	943	ਬਿਨੁ ਨਾਵੈ ਦੁਖੁ ਕਾਲੁ ਸੰਤਾਪੈ॥		Bin Naavai Dhukh Kaal Santhaapai ||	Without the Name, one is afflicted by pain and death.	ਜਦ ਤਕ ਹਿਰਦੇ ਵਿਚ ਨਾਮ (-ਤੱਤ) ਸਹੀ ਨਹੀਂ ਹੁੰਦਾ, (ਮਨੁੱਖ ਨੂੰ ਕਈ ਕਿਸਮ ਦਾ) ਦੁੱਖ ਸਤਾਂਦਾ ਹੈ ਮੌਤ ਦਾ ਡਰ ਦੁਖੀ ਕਰਦਾ ਹੈ।
40444	943	ਤਤੋ ਤਤੁ ਮਿਲੈ ਮਨੁ ਮਾਨੈ॥		Thatho Thath Milai Man Maanai ||	When one's essence merges into the essence, the mind is satisfied and fulfilled.	(ਜਦੋਂ ਹਿਰਦੇ ਵਿਚ) ਨਿਰੋਲ ਪ੍ਰਭੂ-ਨਾਮ ਦੀ ਸੱਚਾਈ (ਭਾਵ, ਇਹ ਸਰਧਾ ਕਿ ਪ੍ਰਭੂ ਦਾ ਨਾਮ ਹੀ ਸਦਾ-ਥਿਰ ਰਹਿਣ ਵਾਲਾ ਹੈ) ਪਰਗਟ ਹੋ ਜਾਂਦੀ ਹੈ ਤਾਂ (ਮਨੁੱਖ ਦਾ) ਮਨ (ਉਸ ਸੱਚਾਈ ਵਿਚ) ਪਤੀਜ ਜਾਂਦਾ ਹੈ,
40445	943	ਦੂਜਾ ਜਾਇ ਇਕਤੁ ਘਰਿ ਆਨੈ॥		Dhoojaa Jaae Eikath Ghar Aanai ||	Duality is gone, and one enters into the home of the One Lord.	ਮੇਰ-ਤੇਰ ਵਾਲਾ ਸੁਭਾਉ ਦੂਰ ਹੋ ਜਾਂਦਾ ਹੈ, ਮਨੁੱਖ ਏਕਤਾ ਦੇ ਘਰ ਵਿਚ ਆ ਟਿਕਦਾ ਹੈ।
40446	943	ਬੋਲੈ ਪਵਨਾ ਗਗਨੁ ਗਰਜੈ॥		Bolai Pavanaa Gagan Garajai ||	The breath blows across the sky of the Tenth Gate and vibrates.	ਰੱਬੀ ਜੀਵਨ ਦੀ ਲਹਿਰ ਚੱਲ ਪੈਂਦੀ ਹੈ, ਰੱਬੀ ਮਿਲਾਪ ਦੀ ਅਵਸਥਾ ਬਲਵਾਨ ਹੋ ਜਾਂਦੀ ਹੈ,
40447	943	ਨਾਨਕ ਨਿਹਚਲੁ ਮਿਲਣੁ ਸਹਜੈ ॥੫੦॥		Naanak Nihachal Milan Sehajai ||50||	O Nanak, the mortal then intuitively meets the eternal, unchanging Lord. ||50||	(ਤੇ, ਇਸ ਤਰ੍ਹਾਂ) ਹੇ ਨਾਨਕ! ਸਹਜ ਅਵਸਥਾ ਵਿਚ ਟਿਕਿਆਂ (ਜੀਵ ਤੇ ਪ੍ਰਭੂ ਦਾ) ਮਿਲਾਪ (ਸਦਾ ਲਈ) ਪੱਕਾ ਹੋ ਜਾਂਦਾ ਹੈ ॥੫੦॥

40448	943	ਅੰਤਰਿ ਸੁੰਨੰ ਬਾਹਰਿ ਸੁੰਨੰ ਤ੍ਰਿਭਵਣ ਸੁੰਨ ਮਸੁੰਨੰ॥	(ਸੁੰਨ ਮਸੁੰਨੰ) ਅਫੁਰ ਬ੍ਰਹਮ	Anthar Sunnan Baahar Sunnan Thribhavan Sunn Masunnan ||	The absolute Lord is deep within; the absolute Lord is outside us as well. The absolute Lord totally fills the three worlds.	(ਜਦੋਂ ਹਿਰਦੇ ਵਿਚ ਨਿਰੋਲ ਪ੍ਰਭੂ-ਨਾਮ ਦੀ ਸੱਚਾਈ ਪਰਗਟ ਹੋ ਪੈਂਦੀ ਹੈ ਤਾਂ ਇਹ ਯਕੀਨ ਬਣ ਜਾਂਦਾ ਹੈ ਕਿ) ਅੰਦਰ ਤੇ ਬਾਹਰ (ਭਾਵ, ਗੁਪਤ ਤੇ ਪਰਗਟ, ਦਿੱਸਦੇ ਤੇ ਅਣਦਿੱਸਦੇ ਪਦਾਰਥਾਂ ਵਿਚ ਹਰ ਥਾਂ) ਸਾਰੀ ਤ੍ਰਿਲੋਕੀ ਵਿਚ ਉਹੀ ਪ੍ਰਭੂ ਵਿਆਪਕ ਹੈ ਜਿਸ ਵਿਚ ਮਾਇਆ ਵਾਲੇ ਫੁਰਨੇ ਨਹੀਂ ਉਠਦੇ (ਕਿਉਂਕਿ ਮਾਇਆ ਤਾਂ ਉਸ ਦੀ ਆਪਣੀ ਬਣਾਈ ਖੇਡ ਹੈ)।
40449	943	ਚਉਥੇ ਸੁੰਨੈ ਜੋ ਨਰੁ ਜਾਣੈ ਤਾ ਕਉ ਪਾਪੁ ਨ ਪੁੰਨੰ॥		Chouthhae Sunnai Jo Nar Jaanai Thaa Ko Paap N Punnan ||	One who knows the Lord in the fourth state, is not subject to virtue or vice.	ਜੋ ਮਨੁੱਖ ਤ੍ਰਿਗੁਣੀ ਮਾਇਆ ਦੇ ਅਸਰ ਤੋਂ ਉੱਚੇ ਰਹਿਣ ਵਾਲੇ ਉਸ ਪ੍ਰਭੂ ਨੂੰ (ਸਹੀ ਤੌਰ ਤੇ) ਸਮਝ ਲੈਂਦਾ ਹੈ, ਉਸ ਨੂੰ ਭੀ (ਚਉਥੀ ਅਵਸਥਾ ਵਿਚ ਟਿਕਿਆ ਹੋਣ ਕਰਕੇ) ਪਾਪ ਤੇ ਪੁੰਨ ਪੋਹ ਨਹੀਂ ਸਕਦਾ (ਭਾਵ, ਕੋਈ ਪਾਪ ਕਿਸੇ ਕੁਕਰਮ ਵਲ ਨਹੀਂ ਪ੍ਰੇਰਦਾ ਅਤੇ ਕੋਈ ਪੁੰਨ-ਕਰਮ ਉਸ ਦੇ ਅੰਦਰ ਕਿਸੇ ਸਵਰਗ ਆਦਿਕ ਦੀ ਲਾਲਸਾ ਪੈਦਾ ਨਹੀਂ ਕਰਦਾ)।

40450	943	ਘਟ ਘਟਿ ਸੁੰਨ ਕਾ ਜਾਣੈ ਭੇਉ॥		Ghatt Ghatt Sunn Kaa Jaanai Bhaeo ||	One who knows the mystery of God the Absolute, who pervades each and every heart,	ਜੋ ਮਨੁੱਖ ਹਰੇਕ ਘਟ ਵਿਚ ਵਿਆਪਕ ਨਿਰਗੁਣ ਪ੍ਰਭੂ ਦਾ ਭੇਤ ਜਾਣ ਲੈਂਦਾ ਹੈ (ਭਾਵ, ਜੋ ਮਨੁੱਖ ਇਹ ਦ੍ਰਿੜ੍ਹ ਕਰ ਲੈਂਦਾ ਹੈ ਕਿ ਪ੍ਰਭੂ ਹਰੇਕ ਘਟ ਵਿਚ ਮੌਜੂਦ ਭੀ ਹੈ, ਤੇ ਫਿਰ ਭੀ ਨਿਰਲੇਪ ਹੈ, ਉਹ ਮਨੁੱਖ ਭੀ ਦੁਨੀਆ ਵਿਚ ਰਹਿੰਦਾ ਹੋਇਆ ਨਿਰਲੇਪ ਹੋ ਕੇ)
40451	943	ਆਦਿ ਪੁਰਖੁ ਨਿਰੰਜਨ ਦੇਉ॥		Aadh Purakh Niranjan Dhaeo ||	Knows the Primal Being, the Immaculate Divine Lord.	ਆਦਿ ਪੁਰਖ ਨਿਰੰਜਨ ਪ੍ਰਭੂ ਦਾ ਰੂਪ ਹੋ ਜਾਂਦਾ ਹੈ।
40452	943	ਜੋ ਜਨੁ ਨਾਮ ਨਿਰੰਜਨ ਰਾਤਾ॥		Jo Jan Naam Niranjan Raathaa ||	That humble being who is imbued with the Immaculate Naam,	ਜੋ ਮਨੁੱਖ ਮਾਇਆ ਤੋਂ ਰਹਿਤ ਪਰਮਾਤਮਾ ਦੇ ਨਾਮ ਦਾ ਮਤਵਾਲਾ ਹੈ,
40453	943	ਨਾਨਕ ਸੋਈ ਪੁਰਖੁ ਬਿਧਾਤਾ॥੫੧॥		Naanak Soee Purakh Bidhhaathaa ||51||	O Nanak, is himself the Primal Lord, the Architect of Destiny. ||51||	ਹੇ ਨਾਨਕ! ਉਹੀ ਸਿਰਜਨਹਾਰ ਪ੍ਰਭੂ ਦਾ ਰੂਪ ਹੋ ਜਾਂਦਾ ਹੈ ॥੫੧॥
40454	943	ਸੁੰਨੋ ਸੁੰਨੁ ਕਹੈ ਸਭੁ ਕੋਈ॥		Sunno Sunn Kehai Sabh Koee ||	"Everyone speaks of the Absolute Lord, the unmanifest void.	

40455	943	ਅਨਹਤ ਸੁੰਨੁ ਕਹਾ ਤੇ ਹੋਈ॥		Anehath Sunn Kehaa Thae Hoee ||	How can one find this absolute void?	(ਪਰ ਅਮਲੀ ਜੀਵਨ ਵਿਚ ਇਹ ਗੱਲ ਕੋਈ ਵਿਰਲਾ ਹੀ ਜਾਣਦਾ ਹੈ ਕਿ) ਸਦਾ ਟਿਕੀ ਰਹਿਣ ਵਾਲੀ ਅਫੁਰ ਅਵਸਥਾ ਕਿਵੇਂ ਬਣ ਸਕਦੀ ਹੈ (ਕਿਉਂਕਿ ਇਸ ਅਵਸਥਾ ਵਾਲਾ ਜੀਵਨ ਜੀਵਿਆਂ ਹੀ ਇਸ ਅਵਸਥਾ ਦੀ ਸਮਝ ਪੈ ਸਕਦੀ ਹੈ)।
40456	943	ਅਨਹਤ ਸੁੰਨਿ ਰਤੇ ਸੇ ਕੈਸੇ॥		Anehath Sunn Rathae Sae Kaisae ||	Who are they, who are attuned to this absolute void?""	(ਕਹਣ-ਮਾਤ੍ਰ ਜੇ ਕੋਈ ਪੁੱਛੇ ਕਿ) ਅਫੁਰ ਅਵਸਥਾ ਵਿਚ ਜੁੜੇ ਹੋਏ ਬੰਦੇ ਕਿਹੋ ਜਿਹੇ ਹੁੰਦੇ ਹਨ,
40457	943	ਜਿਸ ਤੇ ਉਪਜੇ ਤਿਸ ਹੀ ਜੈਸੇ॥		Jis Thae Oupajae This Hee Jaisae ||	They are like the Lord, from whom they originated.	(ਤਾਂ ਇਸ ਦਾ ਉੱਤਰ ਇਹ ਹੈ ਕਿ ਉਹ ਮਨੁੱਖ ਉਸ ਪਰਮਾਤਮਾ ਵਰਗੇ ਹੀ ਹੋ ਜਾਂਦੇ ਹਨ ਜਿਸ ਤੋਂ ਉਹ ਪੈਦਾ ਹੋਏ ਹਨ।
40458	943	ਓਇ ਜਨਮਿ ਨ ਮਰਹਿ ਨ ਆਵਹਿ ਜਾਹਿ॥		Oue Janam N Marehi N Aavehi Jaahi ||	They are not born, they do not die; they do not come and go.	ਉਹ ਮਨੁੱਖ (ਮੁੜ ਮੁੜ) ਨਾਹ ਜੰਮਦੇ ਹਨ ਨਾਹ ਮਰਦੇ ਹਨ, ਉਹਨਾਂ ਦਾ ਆਵਾ-ਗਵਨ ਦਾ ਚੱਕਰ ਮੁੱਕ ਜਾਂਦਾ ਹੈ,
40459	943	ਨਾਨਕ ਗੁਰਮੁਖਿ ਮਨੁ ਸਮਝਾਹਿ॥੫੨॥		Naanak Guramukh Man Samajhaahi ||52||	O Nanak, the Gurmukhs instruct their minds. ||52||	ਹੇ ਨਾਨਕ! ਜੋ ਮਨੁੱਖ ਗੁਰੂ ਦੇ ਹੁਕਮ ਉਤੇ ਤੁਰ ਕੇ ਮਨ ਨੂੰ ਸੁਮੱਤੇ ਲਾਂਦੇ ਹਨ ॥੫੨॥

40460	943	ਨਉ ਸਰ ਸੁਭਰ ਦਸਵੈ ਪੂਰੇ॥	ਸੁੱਭਰ	No Sar Subhar Dhasavai Poorae ||	By practicing control over the nine gates, one attains perfect control over the Tenth Gate.	(ਨਾਮ ਦੀ ਬਰਕਤਿ ਨਾਲ) ਜਦੋਂ ਨੌ ਗੋਲਕਾਂ ਨਕਾ-ਨਕ ਭਰੀਜ ਕੇ (ਭਾਵ, ਬਾਹਰ ਵਲ ਦੇ ਵਹਿਣ ਬੰਦ ਕਰ ਕੇ, ਮਾਇਕ ਪਦਾਰਥਾਂ ਵਲ ਦੀ ਦੌੜ ਮਿਟਾ ਕੇ) ਦਸਵੇਂ ਸਰ ਵਿਚ (ਭਾਵ, ਪ੍ਰਭੂ-ਮਿਲਾਪ ਦੀ ਅਵਸਥਾ ਵਿਚ) ਜਾ ਪੈਂਦੀਆਂ ਹਨ,
40461	943	ਤਹ ਅਨਹਤ ਸੁੰਨ ਵਜਾਵਹਿ ਤੂਰੇ॥		Theh Anehath Sunn Vajaavehi Thoorae ||	There, the unstruck sound current of the absolute Lord vibrates and resounds.	ਤਦੋਂ (ਗੁਰਮੁਖ) ਇੱਕ-ਰਸ ਅਫੁਰ ਅਵਸਥਾ ਦੇ ਵਾਜੇ ਵਜਾਉਂਦੇ ਹਨ (ਭਾਵ, ਅਫੁਰ ਅਵਸਥਾ ਉਹਨਾਂ ਦੇ ਅੰਦਰ ਇਤਨੀ ਬਲ ਵਾਲੀ ਹੋ ਜਾਂਦੀ ਹੈ ਕਿ ਹੋਰ ਫੁਰਨਾ ਉਥੇ ਆ ਹੀ ਨਹੀਂ ਸਕਦਾ)।
40462	943	ਸਾਚੈ ਰਾਚੇ ਦੇਖਿ ਹਜੂਰੇ॥		Saachai Raachae Dhaekh Hajoorae ||	Behold the True Lord ever-present, and merge with Him.	(ਇਸ ਅਵਸਥਾ ਵਿਚ ਅੱਪੜੇ ਹੋਏ ਗੁਰਮੁਖ) ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨੂੰ ਅੰਗ-ਸੰਗ ਵੇਖ ਕੇ ਉਸ ਵਿਚ ਟਿਕੇ ਰਹਿੰਦੇ ਹਨ।
40463	943	ਘਟਿ ਘਟਿ ਸਾਚੁ ਰਹਿਆ ਭਰਪੂਰੇ॥		Ghatt Ghatt Saach Rehiaa Bharapoorae ||	The True Lord is pervading and permeating each and every heart.	ਉਹਨਾਂ ਨੂੰ ਉਹ ਸੱਚਾ ਪ੍ਰਭੂ ਹਰੇਕ ਘਟ ਵਿਚ ਵਿਆਪਕ ਦਿੱਸਦਾ ਹੈ।

40464	944	ਗੁਪਤੀ ਬਾਣੀ ਪਰਗਟੁ ਹੋਇ॥		Gupathee Baanee Paragatt Hoe ||	The hidden Bani of the Word is revealed.	(ਇਸ ਤਰ੍ਹਾਂ ਜਿਸ ਮਨੁੱਖ ਦੇ ਅੰਦਰ ਉਹ) ਲੁਕਵੀਂ (ਰੱਬੀ ਜੀਵਨ ਦੀ) ਰੌ ਪਰਗਟ ਹੁੰਦੀ ਹੈ (ਭਾਵ, ਜਿਸ ਨੂੰ ਉਹ ਆਪਣੇ ਅੰਗ-ਸੰਗ ਤੇ ਸਭ ਵਿਚ ਵਿਆਪਕ ਦਿੱਸ ਪੈਂਦਾ ਹੈ),
40465	944	ਨਾਨਕ ਪਰਖਿ ਲਏ ਸਚੁ ਸੋਇ॥੫੩॥		Naanak Parakh Leae Sach Soe ||53||	O Nanak, the True Lord is revealed and known. ||53||	ਹੇ ਨਾਨਕ! ਉਹ ਮਨੁੱਖ ਉਸ ਸੱਚੇ ਪ੍ਰਭੂ (ਦੇ ਨਾਮ-ਰੂਪ ਸਉਦੇ) ਦੀ ਕਦਰ ਸਮਝ ਲੈਂਦਾ ਹੈ ॥੫੩॥
40466	944	ਸਹਜ ਭਾਇ ਮਿਲੀਐ ਸੁਖੁ ਹੋਵੈ॥		Sehaj Bhaae Mileeai Sukh Hovai ||	Meeting with the Lord through intuition and love, peace is found.	ਜੇ ਅਡੋਲਤਾ ਵਿਚ ਰਹਿ ਕੇ (ਪ੍ਰਭੂ ਨੂੰ) ਮਿਲੀਏ ਤਾਂ (ਪੂਰਨ) ਸੁਖ ਹੁੰਦਾ ਹੈ।
40467	944	ਗੁਰਮੁਖਿ ਜਾਗੈ ਨੀਦ ਨ ਸੋਵੈ॥		Guramukh Jaagai Needh N Sovai ||	The Gurmukh remains awake and aware; he does not fall sleep.	ਜੋ ਮਨੁੱਖ ਗੁਰੂ ਦੇ ਹੁਕਮ ਵਿਚ ਤੁਰਦਾ ਹੈ ਉਹ ਸੁਚੇਤ ਰਹਿੰਦਾ ਹੈ (ਮਾਇਆ ਦੀ) ਨੀਂਦਰ ਵਿਚ ਨਹੀਂ ਸਉਂਦਾ।
40468	944	ਸੁੰਨ ਸਬਦੁ ਅਪਰੰਪਰਿ ਧਾਰੈ॥		Sunn Sabadh Aparanpar Dhhaarai ||	He enshrines the unlimited, absolute Shabad deep within.	ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਉਸ ਨੂੰ ਬੇਅੰਤ ਪ੍ਰਭੂ ਵਿਚ ਟਿਕਾਈ ਰੱਖਦੀ ਹੈ।
40469	944	ਕਹਤੇ ਮੁਕਤੁ ਸਬਦਿ ਨਿਸਤਾਰੈ॥		Kehathae Mukath Sabadh Nisathaarai ||	Chanting the Shabad, he is liberated, and saves others as well.	(ਇਸ ਬਾਣੀ ਨੂੰ) ਉਚਾਰ ਉਚਾਰ ਕੇ ਗੁਰਮੁਖ ਹਉਮੈ ਤੋਂ ਸੁਤੰਤਰ ਹੋ ਜਾਂਦਾ ਹੈ ਤੇ (ਹੋਰਨਾਂ ਨੂੰ) ਇਸ ਸ਼ਬਦ ਦੀ ਰਾਹੀਂ ਮੁਕਤ ਕਰਾਂਦਾ ਹੈ।

40470	944	ਗੁਰ ਕੀ ਦੀਖਿਆ ਸੇ ਸਚਿ ਰਾਤੇ॥		Gur Kee Dheekhiaa Sae Sach Raathae ||	Those who practice the Guru's Teachings are attuned to the Truth.	ਜਿਨ੍ਹਾਂ ਗੁਰੂ ਦੀ ਸਿੱਖਿਆ ਗ੍ਰਹਿਣ ਕੀਤੀ ਹੈ ਉਹ ਸੱਚੇ ਪ੍ਰਭੂ ਵਿਚ ਰੰਗੇ ਗਏ ਹਨ।
40471	944	ਨਾਨਕ ਆਪੁ ਗਵਾਇ ਮਿਲਣ ਨਹੀ ਭ੍ਰਾਤੇ॥੫੪॥		Naanak Aap Gavaae Milan Nehee Bhraathae ||54||	O Nanak, those who eradicate their self-conceit meet with the Lord; they do not remain separated by doubt. ||54||	ਹੇ ਨਾਨਕ! ਆਪਾ-ਭਾਵ ਮਿਟਾ ਕੇ ਉਹਨਾਂ ਦਾ ਮੇਲ (ਪ੍ਰਭੂ ਨਾਲ) ਹੋ ਜਾਂਦਾ ਹੈ, (ਮਨ ਦੀ) ਭਟਕਣਾ ਮਿਟ ਜਾਂਦੀ ਹੈ ॥੫੪॥
40472	944	ਕੁਬੁਧਿ ਚਵਾਵੈ ਸੋ ਕਿਤੁ ਠਾਇ॥		Kubudhh Chavaavai So Kith Thaae ||	"Where is that place, where evil thoughts are destroyed?	ਇਹ ਕਿਵੇਂ ਸਮਝੇ ਤੇ ('ਦੁੱਤਰ ਸਾਗਰ' ਦੇ) ਪਾਰਲੇ ਕੰਢੇ ਲੱਗੇ?
40473	944	ਕਿਉ ਤਤੁ ਨ ਬੂਝੈ ਚੋਟਾ ਖਾਇ॥		Kio Thath N Boojhai Chottaa Khaae ||	The mortal does not understand the essence of reality; why must he suffer in pain?""	
40474	944	ਜਮ ਦਰਿ ਬਾਧੇ ਕੋਇ ਨ ਰਾਖੈ॥		Jam Dhar Baadhhae Koe N Raakhai ||	No one can save one who is tied up at Death's door.	
40475	944	ਬਿਨੁ ਸਬਦੈ ਨਾਹੀ ਪਤਿ ਸਾਖੈ॥		Bin Sabadhai Naahee Path Saakhai ||	Without the Shabad, no one has any credit or honor.	
40476	944	ਕਿਉ ਕਰਿ ਬੂਝੈ ਪਾਵੈ ਪਾਰੁ॥	ਬੁੱਝੈ	Kio Kar Boojhai Paavai Paar ||	"How can one obtain understanding and cross over?"	

40477	944	ਨਾਨਕ ਮਨਮੁਖਿ ਨ ਬੁਝੈ ਗਵਾਰੁ॥੫੫॥	ਬੁੱਝੈ	Naanak Manamukh N Bujhai Gavaar ||55||	O Nanak, the foolish self-willed manmukh does not understand. ||55||	ਹੇ ਨਾਨਕ! ਮਨਮੁਖ ਮੂਰਖ ਸਮਝਦਾ ਨਹੀਂ ॥੫੫॥
40478	944	ਕੁਬੁਧਿ ਮਿਟੈ ਗੁਰ ਸਬਦੁ ਬੀਚਾਰਿ॥	ਕੁਬੁੱਧਿ-	Kubudhh Mittai Gur Sabadh Beechaar ||	Evil thoughts are erased, contemplating the Word of the Guru's Shabad.	(ਉੱਤਰ:) ਸਤਿਗੁਰੂ ਦਾ ਸ਼ਬਦ ਵੀਚਾਰਿਆਂ ਭੈੜੀ ਮਤ ਦੂਰ ਹੁੰਦੀ ਹੈ।
40479	944	ਸਤਿਗੁਰੁ ਭੇਟੈ ਮੋਖ ਦੁਆਰ॥		Sathigur Bhaettai Mokh Dhuaar ||	Meeting with the True Guru, the door of liberation is found.	ਜਦੋਂ ਗੁਰੂ ਮਿਲ ਪੈਂਦਾ ਹੈ, ਤਦੋਂ ਇਸ ਭੈੜੀ ਮਤ ਤੋਂ ਖ਼ਲਾਸੀ ਦਾ ਰਾਹ ਲੱਭ ਪੈਂਦਾ ਹੈ।
40480	944	ਤਤੁ ਨ ਚੀਨੈ ਮਨਮੁਖੁ ਜਲਿ ਜਾਇ॥		Thath N Cheenai Manamukh Jal Jaae ||	The self-willed manmukh does not understand the essence of reality, and is burnt to ashes.	(ਪਰ) ਜੋ ਮਨੁੱਖ ਮਨ ਦੇ ਪਿੱਛੇ ਤੁਰਦਾ ਹੈ ਉਹ ਅਸਲੀਅਤ ਨਹੀਂ ਪਛਾਣਦਾ, (ਵਿਕਾਰਾਂ ਵਿਚ) ਸੜਦਾ ਰਹਿੰਦਾ ਹੈ,
40481	944	ਦੁਰਮਤਿ ਵਿਛੁੜਿ ਚੋਟਾ ਖਾਇ॥		Dhuramath Vishhurr Chottaa Khaae ||	His evil-mindedness separates him from the Lord, and he suffers.	ਦੁਰਮੱਤ ਦੇ ਕਾਰਨ (ਪ੍ਰਭੂ ਤੋਂ) ਵਿਛੁੜ ਕੇ ਦੁਖੀ ਹੁੰਦਾ ਹੈ।
40482	944	ਮਾਨੈ ਹੁਕਮੁ ਸਭੇ ਗੁਣ ਗਿਆਨ॥		Maanai Hukam Sabhae Gun Giaan ||	Accepting the Hukam of the Lord's Command, he is blessed with all virtues and spiritual wisdom.	ਜੋ ਮਨੁੱਖ ਗੁਰੂ ਦਾ ਹੁਕਮ ਮੰਨਦਾ ਹੈ, ਉਸ ਵਿਚ ਸਾਰੇ ਗੁਣ ਆ ਜਾਂਦੇ ਹਨ, ਉਸ ਨੂੰ ਸਾਰੀ ਸੂਝ ਪ੍ਰਾਪਤ ਹੋ ਜਾਂਦੀ ਹੈ।

40483	944	ਨਾਨਕ ਦਰਗਹ ਪਾਵੈ ਮਾਨੁ॥੫੬॥		Naanak Dharageh Paavai Maan ||56||	O Nanak, he is honored in the Court of the Lord. ||56||	ਹੇ ਨਾਨਕ!ਉਹ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਪਾਂਦਾ ਹੈ ॥੫੬॥
40484	944	ਸਾਚੁ ਵਖਰੁ ਧਨੁ ਪਲੈ ਹੋਇ॥		Saach Vakhar Dhhan Palai Hoe ||	One who possesses the merchandise, the wealth of the True Name,	ਜਿਸ ਮਨੁੱਖ ਨੇ ਸੱਚਾ ਸਉਦਾ ਨਾਮ-ਧਨ ਖੱਟਿਆ ਹੈ,
40485	944	ਆਪਿ ਤਰੈ ਤਾਰੇ ਭੀ ਸੋਇ॥		Aap Tharai Thaarae Bhee Soe ||	Crosses over, and carries others across with him as well.	ਉਹ ਆਪ ('ਦੁੱਤਰ ਸਾਗਰ' ਤੋਂ) ਤਰਦਾ ਹੈ ਤੇ (ਹੋਰਨਾਂ ਨੂੰ) ਤਾਰਦਾ ਹੈ।
40486	944	ਸਹਜਿ ਰਤਾ ਬੂਝੈ ਪਤਿ ਹੋਇ॥	ਬੂੱਝੈ	Sehaj Rathaa Boojhai Path Hoe ||	One who intuitively understands, and is attuned to the Lord, is honored.	ਅਡੋਲ ਅਵਸਥਾ ਵਿਚ ਮਸਤ ਰਹਿ ਕੇ ਅਸਲੀਅਤ ਨੂੰ ਸਮਝਦਾ ਹੈ ਤੇ ਆਦਰ ਪਾਂਦਾ ਹੈ,
40487	944	ਤਾ ਕੀ ਕੀਮਤਿ ਕਰੈ ਨ ਕੋਇ॥		Thaa Kee Keemath Karai N Koe ||	No one can estimate his worth.	ਅਜੇਹੇ ਮਨੁੱਖ ਦਾ ਕੋਈ ਮੁੱਲ ਨਹੀਂ ਪਾ ਸਕਦਾ।
40488	944	ਜਹ ਦੇਖਾ ਤਹ ਰਹਿਆ ਸਮਾਇ॥		Jeh Dhaekhaa Theh Rehiaa Samaae ||	Wherever I look, I see the Lord permeating and pervading.	ਉਹ ਜਿੱਧਰ ਤੱਕਦਾ ਹੈ ਉਧਰ ਪ੍ਰਭੂ ਹੀ ਪ੍ਰਭੂ ਉਸ ਨੂੰ ਵਿਆਪਕ ਦਿੱਸਦਾ ਹੈ
40489	944	ਨਾਨਕ ਪਾਰਿ ਪਰੈ ਸਚ ਭਾਇ॥੫੭॥		Naanak Paar Parai Sach Bhaae ||57||	O Nanak, through the Love of the True Lord, one crosses over. ||57||	ਹੇ ਨਾਨਕ! ਸੱਚੇ ਦੀ ਰਜ਼ਾ ਵਿਚ ਰਹਿ ਕੇ ਉਹ ਮਨੁੱਖ ('ਦੁਤਰ ਸਾਗਰ' ਤੋਂ) ਪਾਰ ਲੰਘ ਜਾਂਦਾ ਹੈ ॥੫੭॥

40490	944	ਸੁ ਸਬਦ ਕਾ ਕਹਾ ਵਾਸੁ ਕਥੀਅਲੇ ਜਿਤੁ ਤਰੀਐ ਭਵਜਲੁ ਸੰਸਾਰੋ॥		S Sabadh Kaa Kehaa Vaas Kathheealae Jith Thareeai Bhavajal Sansaaro ||	"Where is the Shabad said to dwell? What will carry us across the terrifying world-ocean?	
40491	944	ਤ੍ਰੈ ਸਤ ਅੰਗੁਲ ਵਾਈ ਕਹੀਐ ਤਿਸੁ ਕਹੁ ਕਵਨੁ ਅਧਾਰੋ॥	ਦਸ (ਅੰਗੁਲ) ਉਂਗਲਾਂ। ਵਾਈਹਵਾ	Thrai Sath Angul Vaaee Keheeai This Kahu Kavan Adhhaaro ||	The breath, when exhaled, extends out ten finger lengths; what is the support of the breath?	
40492	944	ਬੋਲੈ ਖੇਲੈ ਅਸਥਿਰੁ ਹੋਵੈ ਕਿਉ ਕਰਿ ਅਲਖੁ ਲਖਾਏ॥	ਅ-ਲਖ: ਪੋਲਾ ਬੋਲੋ	Bolai Khaelai Asathhir Hovai Kio Kar Alakh Lakhaaeae ||	Speaking and playing, how can one be stable and steady? How can the unseen be seen?""	
40493	944	ਸੁਣਿ ਸੁਆਮੀ ਸਚੁ ਨਾਨਕੁ ਪ੍ਰਣਵੈ ਅਪਣੇ ਮਨ ਸਮਝਾਏ॥		Sun Suaamee Sach Naanak Pranavai Apanae Man Samajhaaeae ||	Listen, O master; Nanak prays truly. Instruct your own mind.	

40494	944	ਗੁਰਮੁਖਿ ਸਬਦੇ ਸਚਿ ਲਿਵ ਲਾਗੈ ਕਰਿ ਨਦਰੀ ਮੇਲਿ ਮਿਲਾਏ॥		Guramukh Sabadhae Sach Liv Laagai Kar Nadharee Mael Milaaeae ||	The Gurmukh is lovingly attuned to the True Shabad. Bestowing His Glance of Grace, He unites us in His Union.	
40495	944	ਆਪੇ ਦਾਨਾ ਆਪੇ ਬੀਨਾ ਪੂਰੈ ਭਾਗਿ ਸਮਾਏ॥੫੮॥		Aapae Dhaanaa Aapae Beenaa Poorai Bhaag Samaaeae ||58||	He Himself is all-knowing and all-seeing. By perfect destiny, we merge in Him. ||58||	
40496	944	ਸੁ ਸਬਦ ਕਉ ਨਿਰੰਤਰਿ ਵਾਸੁ ਅਲਖੰ ਜਹ ਦੇਖਾ ਤਹ ਸੋਈ॥	ਅ-ਲਖੰ	S Sabadh Ko Niranthar Vaas Alakhan Jeh Dhaekhaa Theh Soee ||	That Shabad dwells deep within the nucleus of all beings. God is invisible; wherever I look, there I see Him.	
40497	944	ਪਵਨ ਕਾ ਵਾਸਾ ਸੁੰਨ ਨਿਵਾਸਾ ਅਕਲ ਕਲਾ ਧਰ ਸੋਈ॥	ਅ-ਕਲ	Pavan Kaa Vaasaa Sunn Nivaasaa Akal Kalaa Dhhar Soee ||	The air is the dwelling place of the absolute Lord. He has no qualities; He has all qualities.	ਜਿਵੇਂ ਅਫੁਰ ਪ੍ਰਭੂ ਦਾ ਵਾਸ (ਹਰ ਥਾਂ) ਹੈ ਤਿਵੇਂ 'ਸ਼ਬਦ' ਦਾ ਵਾਸ (ਹਰ ਥਾਂ) ਹੈ। 'ਸ਼ਬਦ' ਉਹੀ ਹੈ ਜੋ ਸੰਪੂਰਣ ਸੱਤਿਆ-ਧਾਰੀ (ਪ੍ਰਭੂ) ਹੈ (ਭਾਵ 'ਪ੍ਰਭੂ' ਤੇ ਪ੍ਰਭੂ ਦੀ ਸਿਫ਼ਤ ਦਾ 'ਸ਼ਬਦ' ਇੱਕ ਹੀ ਹਨ)।

40498	944	ਨਦਰਿ ਕਰੇ ਸਬਦੁ ਘਟ ਮਹਿ ਵਸੈ ਵਿਚਹੁ ਭਰਮੁ ਗਵਾਏ॥		Nadhar Karae Sabadh Ghatt Mehi Vasai Vichahu Bharam Gavaaeae ||	When He bestows His Glance of Grace, the Shabad comes to abide within the heart, and doubt is eradicated from within.	ਜਿਸ ਮਨੁੱਖ ਉਤੇ ਪ੍ਰਭੂ ਮੇਹਰ ਦੀ ਨਜ਼ਰ ਕਰਦਾ ਹੈ, ਉਸ ਦੇ ਹਿਰਦੇ ਵਿਚ ਇਹ 'ਸ਼ਬਦ' ਵੱਸਦਾ ਹੈ, ਉਹ ਮਨੁੱਖ ਹਿਰਦੇ ਵਿਚੋਂ ਭਟਕਣਾ ਦੂਰ ਕਰ ਲੈਂਦਾ ਹੈ,
40499	944	ਤਨੁ ਮਨੁ ਨਿਰਮਲੁ ਨਿਰਮਲ ਬਾਣੀ ਨਾਮੋ ਮੰਨਿ ਵਸਾਏ॥	ਮੋ ਹੋੜੇ ਔਂਕੜ ਵਿਚਾਲੇ ਬੋਲੋ	Than Man Niramal Niramal Baanee Naamuo Mann Vasaaeae ||	The body and mind become immaculate, through the Immaculate Word of His Bani. Let His Name be enshrined in your mind.	ਉਸ ਦਾ ਤਨ ਤੇ ਉਸ ਦਾ ਮਨ ਤੇ ਉਸ ਦੀ ਬਾਣੀ ਪਵਿਤ੍ਰ ਹੋ ਜਾਂਦੇ ਹਨ। ਪ੍ਰਭੂ ਦਾ ਨਾਮ ਹੀ ਉਹ ਮਨੁੱਖ ਆਪਣੇ ਮਨ ਵਿਚ ਵਸਾਈ ਰੱਖਦਾ ਹੈ।
40500	944	ਸਬਦਿ ਗੁਰੂ ਭਵ ਸਾਗਰੁ ਤਰੀਐ ਇਤ ਉਤ ਏਕੋ ਜਾਣੈ॥		Sabadh Guroo Bhavasaagar Thareeai Eith Outh Eaeko Jaanai ||	The Shabad is the Guru, to carry you across the terrifying world-ocean. Know the One Lord alone, here and hereafter.	ਸਤਿਗੁਰ ਦੇ 'ਸ਼ਬਦ' ਦੀ ਰਾਹੀਂ ਸੰਸਾਰ-ਸਮੁੰਦਰ ਤਰੀਦਾ ਹੈ। (ਜੋ ਤਰਿਆ ਹੈ ਉਹ) ਇਥੇ ਉਥੇ (ਲੋਕ ਪਰਲੋਕ ਵਿਚ ਹਰ ਥਾਂ) ਇੱਕ ਪ੍ਰਭੂ ਨੂੰ ਵਿਆਪਕ ਜਾਣਦਾ ਹੈ।

40501	944	ਚਿਹਨੁ ਵਰਨੁ ਨਹੀ ਛਾਇਆ ਮਾਇਆ ਨਾਨਕ ਸਬਦੁ ਪਛਾਣੈ॥੫੯॥		Chihan Varan Nehee Shhaaeiaa Maaeiaa Naanak Sabadh Pashhaanai ||59||	He has no form or color, shadow or illusion; O Nanak, realize the Shabad. ||59||	ਹੇ ਨਾਨਕ! ਜੋ ਮਨੁੱਖ ਇਸ 'ਸ਼ਬਦ' ਨੂੰ ਪਛਾਣ ਲੈਂਦਾ ਹੈ 'ਸ਼ਬਦ' ਨਾਲ ਡੂੰਘੀ ਸਾਂਝ ਪਾ ਲੈਂਦਾ ਹੈ ਉਸ ਉਤੇ ਮਾਇਆ ਦਾ ਪ੍ਰਭਾਵ ਨਹੀਂ ਰਹਿੰਦਾ ਤੇ ਉਸ ਦਾ ਆਪਣਾ ਵੱਖਰਾ ਚਿਹਨ ਤੇ ਵਰਨ ਨਹੀਂ ਰਹਿ ਜਾਂਦਾ (ਭਾਵ, ਉਸ ਦਾ ਵੱਖਰਾ-ਪਨ ਮਿਟ ਜਾਂਦਾ ਹੈ, ਉਸ ਦੇ ਅੰਦਰੋਂ ਮੇਰ-ਤੇਰ ਦੂਰ ਹੋ ਜਾਂਦੀ ਹੈ) ॥੫੯॥
40502	944	ਤ੍ਰੈ ਸਤ ਅੰਗੁਲ ਵਾਈ ਅਉਧੂ ਸੁੰਨ ਸਚੁ ਆਹਾਰੋ॥		Thrai Sath Angul Vaaee Aoudhhoo Sunn Sach Aahaaro ||	O reclusive hermit, the True, Absolute Lord is the support of the exhaled breath, which extends out ten finger lengths.	(ਉੱਤਰ:) ਹੇ ਜੋਗੀ! ਦਸ-ਉਂਗਲ-ਪ੍ਰਮਾਣ ਪ੍ਰਾਣਾਂ ਦੀ ਖ਼ੁਰਾਕ ਅਫੁਰ ਸੱਚਾ ਪ੍ਰਭੂ ਹੈ (ਭਾਵ, ਸੁਆਸ ਸੁਆਸ ਪ੍ਰਭੂ ਦਾ ਨਾਮ ਹੀ ਜਪਣਾ ਹੈ, ਪ੍ਰਭੂ ਦਾ ਨਾਮ ਹੀ ਪ੍ਰਾਣਾਂ ਦਾ ਆਸਰਾ ਹੈ)।
40503	944	ਗੁਰਮੁਖਿ ਬੋਲੈ ਤਤੁ ਬਿਰੋਲੈ ਚੀਨੈ ਅਲਖ ਅਪਾਰੋ॥	ਅ-ਲਖ: ਪੋਲਾ ਬੋਲੋ	Guramukh Bolai Thath Birolai Cheenai Alakh Apaaro ||	The Gurmukh speaks and churns the essence of reality, and realizes the unseen, infinite Lord.	ਜੋ ਮਨੁੱਖ ਗੁਰੂ ਦੇ ਹੁਕਮ ਵਿਚ ਤੁਰ ਕੇ (ਸੁਆਸ ਸੁਆਸ ਪ੍ਰਭੂ ਦਾ ਨਾਮ) ਜਪਦਾ ਹੈ, ਉਹ ਅਸਲੀਅਤ (ਭਾਵ, ਜਗਤ ਦਾ ਮੂਲ) ਹਾਸਲ ਕਰ ਲੈਂਦਾ ਹੈ, ਉਹ ਅਲੱਖ ਤੇ ਅਪਾਰ ਪ੍ਰਭੂ ਨੂੰ ਪਛਾਣ ਲੈਂਦਾ ਹੈ (ਪ੍ਰਭੂ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ)।

40504	944	ਤ੍ਰੈ ਗੁਣ ਮੇਟੈ ਸਬਦੁ ਵਸਾਏ ਤਾ ਮਨਿ ਚੂਕੈ ਅਹੰਕਾਰੋ॥		Thrai Gun Maettai Sabadh Vasaaeae Thaa Man Chookai Ahankaaro ||	Eradicating the three qualities, he enshrines the Shabad within, and then, his mind is rid of egotism.	ਜਦੋਂ ਮਨੁੱਖ ਗੁਰੂ ਦਾ ਸ਼ਬਦ ਹਿਰਦੇ ਵਿਚ ਵਸਾਂਦਾ ਹੈ (ਸ਼ਬਦ ਦੀ ਬਰਕਤਿ ਨਾਲ ਮਾਇਆ ਦਾ) ਤ੍ਰੈ-ਗੁਣੀ ਪ੍ਰਭਾਵ ਮਿਟਾ ਲੈਂਦਾ ਹੈ, ਤਾਂ ਉਸ ਦੇ ਮਨ ਵਿਚੋਂ ਅਹੰਕਾਰ ਨਾਸ ਹੋ ਜਾਂਦਾ ਹੈ।
40505	944	ਅੰਤਰਿ ਬਾਹਰਿ ਏਕੋ ਜਾਣੈ ਤਾ ਹਰਿ ਨਾਮਿ ਲਗੈ ਪਿਆਰੋ॥		Anthar Baahar Eaeko Jaanai Thaa Har Naam Lagai Piaaro ||	Inside and out, he knows the One Lord alone; he is in love with the Name of the Lord.	(ਇਸ ਤਰ੍ਹਾਂ) ਜਦੋਂ ਉਹ ਆਪਣੇ ਅੰਦਰ ਤੇ ਬਾਹਰ (ਜਗਤ ਵਿਚ) ਇੱਕ ਪ੍ਰਭੂ ਨੂੰ ਹੀ ਵੇਖਦਾ ਹੈ, ਤਾਂ ਉਸ ਦਾ ਪਿਆਰ ਪ੍ਰਭੂ ਦੇ ਨਾਮ ਵਿਚ ਬਣ ਜਾਂਦਾ ਹੈ।
40506	944	ਸੁਖਮਨਾ ਇੜਾ ਪਿੰਗੁਲਾ ਬੂਝੈ ਜਾ ਆਪੇ ਅਲਖੁ ਲਖਾਏ॥	ਤ੍ਰਿਕੁਟੀ ਚ ਪ੍ਰਾਣਾਂ ਨੂੰ ਟਿਕਾਉਣ ਵਾਲੀ ਸੁਖਮਨਾ ਨਾੜੀ। (ਇੜਾ) ਖੱਬੀ ਸੁਰ ਚੰਦ੍ਰਮਾ ਦੀ। (ਪਿੰਗੁਲਾ) ਸੱਜੀ ਸੁਰ ਸੂਰਜ ਦੀ ਪ੍ਰਾਣਾ ਦਾ ਉਤਾਰਨਾ, ਚੜ੍ਹਾਉਣਾ ਤੇ ਠਹਿਰਾਉਣਾ (ਬੂਝੈ) ਸਮਝੇ।ਬੂੱਝੈ,	Sukhamanaa Eirraa Pingulaa Boojhai Jaa Aapae Alakh Lakhaaeae ||	He understands the Sushmana, Ida and Pingala, when the unseen Lord reveals Himself.	ਹੇ ਨਾਨਕ! ਜਦੋਂ ਅਲੱਖ ਪ੍ਰਭੂ ਆਪਣਾ ਆਪ ਲਖਾਂਦਾ ਹੈ (ਆਪਣੇ ਸਰੂਪ ਦੀ ਸਮਝ ਬਖ਼ਸ਼ਦਾ ਹੈ), ਤਦੋਂ ਗੁਰਮੁਖ ਇੜਾ ਪਿੰਗੁਲਾ ਸੁਖਮਨਾ ਨੂੰ ਸਮਝ ਲੈਂਦਾ ਹੈ,

40507	944	ਨਾਨਕ ਤਿਹੁ ਤੇ ਊਪਰਿ ਸਾਚਾ ਸਤਿਗੁਰ ਸਬਦਿ ਸਮਾਏ॥੬੦॥		Naanak Thihu Thae Oopar Saachaa Sathigur Sabadh Samaaeae ||60||	O Nanak, the True Lord is above these three energy channels. Through the Word, the Shabad of the True Guru, one merges with Him. ||60||	(ਭਾਵ, ਗੁਰਮੁਖਿ ਨੂੰ ਇਹ ਸਮਝ ਆ ਜਾਂਦੀ ਹੈ ਕਿ) ਸਦਾ ਕਾਇਮ ਰਹਿਣ ਵਾਲਾ ਪ੍ਰਭੂ ਇੜਾ ਪਿੰਗੁਲਾ ਸੁਖਮਨਾ ਦੇ ਅੱਭਿਆਸ ਤੋਂ ਉਤਾਂਹ ਹੈ, ਉਸ ਵਿਚ ਤਾਂ ਸਤਿਗੁਰੂ ਦੇ ਸ਼ਬਦ ਦੀ ਰਾਹੀਂ (ਹੀ) ਸਮਾਈਦਾ ਹੈ ॥੬੦॥
40508	944	ਮਨ ਕਾ ਜੀਉ ਪਵਨੁ ਕਥੀਅਲੇ ਪਵਨੁ ਕਹਾ ਰਸੁ ਖਾਈ॥		Man Kaa Jeeo Pavan Kathheealae Pavan Kehaa Ras Khaaee ||	"The air is said to be the soul of the mind. But what does the air feed on?	
40509	944	ਗਿਆਨ ਕੀ ਮੁਦ੍ਰਾ ਕਵਨ ਅਉਧੂ ਸਿਧ ਕੀ ਕਵਨ ਕਮਾਈ॥		Giaan Kee Mudhraa Kavan Aoudhhoo Sidhh Kee Kavan Kamaaee ||	What is the way of the spiritual teacher, and the reclusive hermit? What is the occupation of the Siddha?""	
40510	945	ਬਿਨੁ ਸਬਦੈ ਰਸੁ ਨ ਆਵੈ ਅਉਧੂ ਹਉਮੈ ਪਿਆਸ ਨ ਜਾਈ॥		Bin Sabadhai Ras N Aavai Aoudhhoo Houmai Piaas N Jaaee ||	Without the Shabad, the essence does not come, O hermit, and the thirst of egotism does not depart.	(ਉੱਤਰ:) ਹੇ ਜੋਗੀ! ਸਤਿਗੁਰੂ ਦੇ ਸ਼ਬਦ ਤੋਂ ਬਿਨਾਂ (ਪ੍ਰਾਣਾਂ ਨੂੰ) ਰਸ ਨਹੀਂ ਆਉਂਦਾ (ਭਾਵ, ਗੁਰੂ ਦਾ ਸ਼ਬਦ ਹੀ ਪ੍ਰਾਣਾਂ ਦਾ ਆਸਰਾ ਹੈ, ਪ੍ਰਾਨਾਂ ਦੀ ਖ਼ੁਰਾਕ ਹੈ)। ਗੁਰੂ-ਸ਼ਬਦ ਤੋਂ ਬਿਨਾ ਹਉਮੈ ਦੀ ਤ੍ਰੇਹ ਨਹੀਂ ਮਿਟਦੀ।

40511	945	ਸਬਦਿ ਰਤੇ ਅੰਮ੍ਰਿਤ ਰਸੁ ਪਾਇਆ ਸਾਚੇ ਰਹੇ ਅਘਾਈ॥		Sabadh Rathae Anmrith Ras Paaeiaa Saachae Rehae Aghaaee ||	Imbued with the Shabad, one finds the ambrosial essence, and remains fulfilled with the True Name.	ਜੋ ਮਨੁੱਖ ਗੁਰੂ ਦੇ ਸ਼ਬਦ ਵਿਚ ਰੰਗੇ ਜਾਂਦੇ ਹਨ, ਉਹਨਾਂ ਨੂੰ ਸਦਾ ਟਿਕੇ ਰਹਿਣ ਵਾਲਾ ਨਾਮ-ਰਸ ਮਿਲ ਜਾਂਦਾ ਹੈ, ਉਹ ਸੱਚੇ ਪ੍ਰਭੂ ਵਿਚ ਰੱਜੇ ਰਹਿੰਦੇ ਹਨ (ਭਾਵ, ਨਾਮ ਵਿਚ ਜੁੜ ਕੇ ਸੰਤੋਖੀ ਹੋ ਜਾਂਦੇ ਹਨ)।
40512	945	ਕਵਨ ਬੁਧਿ ਜਿਤੁ ਅਸਥਿਰੁ ਰਹੀਐ ਕਿਤੁ ਭੋਜਨਿ ਤ੍ਰਿਪਤਾਸੈ॥		Kavan Budhh Jith Asathhir Reheeai Kith Bhojan Thripathaasai ||	"What is that wisdom, by which one remains steady and stable? What food brings satisfaction?"	(ਪ੍ਰਸ਼ਨ:) ਉਹ ਕੇਹੜੀ ਮਤ ਹੈ ਜਿਸ ਦੀ ਰਾਹੀ ਮਨ ਸਦਾ ਟਿਕਿਆ ਰਹਿ ਸਕਦਾ ਹੈ? ਕੇਹੜੀ ਖ਼ੁਰਾਕ ਨਾਲ ਮਨ ਸਦਾ ਰੱਜਿਆ ਰਹਿ ਸਕੇ?
40513	945	ਨਾਨਕ ਦੁਖੁ ਸੁਖੁ ਸਮ ਕਰਿ ਜਾਪੈ ਸਤਿਗੁਰ ਤੇ ਕਾਲੁ ਨ ਗ੍ਰਾਸੈ॥੬੧॥	ਦੁੱਖੁ	Naanak Dhukh Sukh Sam Kar Jaapai Sathigur Thae Kaal N Graasai ||61||	O Nanak, when one looks upon pain and pleasure alike, through the True Guru, then he is not consumed by Death. ||61||	(ਉੱਤਰ:) ਹੇ ਨਾਨਕ! ਸਤਿਗੁਰੂ ਤੋਂ (ਜੋ ਮਤ ਮਿਲਦੀ ਹੈ ਉਸ ਨਾਲ) ਦੁੱਖ ਤੇ ਸੁਖ ਇੱਕ-ਸਮਾਨ ਜਾਪਦਾ ਹੈ, ਸਤਿਗੁਰੂ ਤੋਂ (ਜੋ ਨਾਮ-ਭੋਜਨ ਮਿਲਦਾ ਹੈ, ਉਸ ਕਰਕੇ) ਮੌਤ (ਦਾ ਡਰ) ਪੋਹ ਨਹੀਂ ਸਕਦਾ ॥੬੧॥
40514	945	ਰੰਗਿ ਨ ਰਾਤਾ ਰਸਿ ਨਹੀ ਮਾਤਾ॥	ਮੱਾਤਾ	Rang N Raathaa Ras Nehee Maathaa ||	If one is not imbued with the Lord's Love, nor intoxicated with His subtle essence,	(ਸ਼ਬਦ ਦੀ ਕਮਾਈ ਤੋਂ ਬਿਨਾ ਮਨੁੱਖ ਦਾ ਮਨ) ਪ੍ਰਭੂ ਦੇ ਪਿਆਰ ਵਿਚ ਰੰਗਿਆ ਨਹੀਂ ਜਾਂਦਾ ਤੇ ਉਹ ਪ੍ਰਭੂ ਦੇ ਆਨੰਦ ਵਿਚ ਖੀਵਾ ਨਹੀਂ ਹੁੰਦਾ।

40515	945	ਬਿਨੁ ਗੁਰ ਸਬਦੈ ਜਲਿ ਬਲਿ ਤਾਤਾ॥	ਤੱਾਤਾ	Bin Gur Sabadhai Jal Bal Thaathaa ||	Without the Word of the Guru's Shabad, he is frustrated, and consumed by his own inner fire.	ਸਤਿਗੁਰੂ ਦੇ ਸ਼ਬਦ (ਦੀ ਕਮਾਈ ਕਰਨ) ਤੋਂ ਬਿਨਾ ਮਨੁੱਖ (ਮਾਇਕ ਧੰਧਿਆਂ ਵਿਚ) ਸੜ ਬਲ ਕੇ ਖਿੱਝਦਾ ਰਹਿੰਦਾ ਹੈ,
40516	945	ਬਿੰਦੁ ਨ ਰਾਖਿਆ ਸਬਦੁ ਨ ਭਾਖਿਆ॥		Bindh N Raakhiaa Sabadh N Bhaakhiaa ||	He does not preserve his semen and seed, and does not chant the Shabad.	ਜਿਸ ਮਨੁੱਖ ਨੇ ਗੁਰ-ਸ਼ਬਦ ਨਹੀਂ ਉਚਾਰਿਆ, ਉਸ ਨੇ ਜਤੀ ਬਣ ਕੇ ਕੁਝ ਨਹੀਂ ਖੱਟਿਆ।
40517	945	ਪਵਨੁ ਨ ਸਾਧਿਆ ਸਚੁ ਨ ਅਰਾਧਿਆ॥		Pavan N Saadhhiaa Sach N Araadhhiaa ||	He does not control his breath; he does not worship and adore the True Lord.	ਜਿਸ ਨੇ ਸੱਚੇ ਪ੍ਰਭੂ ਨੂੰ ਸਿਮਰਿਆ ਨਹੀਂ, ਉਸ ਨੇ ਪ੍ਰਾਣਾਯਾਮ ਕਰ ਕੇ ਕੀਹ ਲਿਆ?
40518	945	ਅਕਥ ਕਥਾ ਲੇ ਸਮ ਕਰਿ ਰਹੈ॥	ਅ-ਕਥ: ਪੋਲਾ ਬੋਲੋ	Akathh Kathhaa Lae Sam Kar Rehai ||	But one who speaks the Unspoken Speech, and remains balanced,	ਜੇ ਮਨੁੱਖ ਅਕੱਥ ਪ੍ਰਭੂ ਦੇ ਗੁਣ ਗਾ ਕੇ (ਦੁਖ ਸੁਖ ਨੂੰ) ਇੱਕ-ਸਮਾਨ ਜਾਣ ਕੇ ਜੀਵਨ ਬਿਤੀਤ ਕਰੇ,
40519	945	ਤਉ ਨਾਨਕ ਆਤਮ ਰਾਮ ਕਉ ਲਹੈ॥੬੨॥		Tho Naanak Aatham Raam Ko Lehai ||62||	O Nanak, attains the Lord, the Supreme Soul. ||62||	ਤਾਂ ਹੇ ਨਾਨਕ! ਉਹ ਸਾਰੇ-ਸੰਸਾਰ-ਦੀ-ਜਿੰਦ ਪ੍ਰਭੂ ਦੀ ਪ੍ਰਾਪਤੀ ਕਰ ਲੈਂਦਾ ਹੈ ॥੬੨॥
40520	945	ਗੁਰ ਪਰਸਾਦੀ ਰੰਗੇ ਰਾਤਾ॥		Gur Parasaadhee Rangae Raathaa ||	By Guru's Grace, one is attuned to the Lord's Love.	ਸਤਿਗੁਰੂ ਦੀ ਮੇਹਰ ਨਾਲ ਜੋ ਮਨੁੱਖ ਪ੍ਰਭੂ ਦੇ ਪਿਆਰ ਵਿਚ ਰੰਗੀਜਦਾ ਹੈ,
40521	945	ਅੰਮ੍ਰਿਤੁ ਪੀਆ ਸਾਚੇ ਮਾਤਾ॥	ਮੱਾਤਾ	Anmrith Peeaa Saachae Maathaa ||	Drinking in the Ambrosial Nectar, he is intoxicated with the Truth.	ਉਹ ਨਾਮ-ਅੰਮ੍ਰਿਤ ਪੀ ਲੈਂਦਾ ਹੈ, ਤੇ ਸੱਚੇ ਪ੍ਰਭੂ ਵਿਚ ਖੀਵਾ ਰਹਿੰਦਾ ਹੈ।

40522	945	ਗੁਰ ਵੀਚਾਰੀ ਅਗਨਿ ਨਿਵਾਰੀ॥		Gur Veechaaree Agan Nivaaree ||	Contemplating the Guru, the fire within is put out.	ਜੋ ਮਨੁੱਖ ਗੁਰ-(ਸ਼ਬਦ) ਦੀ ਰਾਹੀਂ ਵਿਚਾਰਵਾਨ ਹੋ ਗਿਆ ਹੈ ਉਸ ਨੇ (ਤ੍ਰਿਸ਼ਨਾ) ਅੱਗ ਬੁਝਾ ਲਈ ਹੈ।
40523	945	ਅਪਿਉ ਪੀਓ ਆਤਮ ਸੁਖੁ ਧਾਰੀ॥		Apio Peeou Aatham Sukh Dhhaaree ||	Drinking in the Ambrosial Nectar, the soul settles in peace.	ਉਸ ਨੇ (ਨਾਮ-) ਅੰਮ੍ਰਿਤ ਪੀ ਲਿਆ ਹੈ, ਉਸ ਨੂੰ ਆਤਮਕ ਸੁਖ ਲੱਭ ਪਿਆ ਹੈ।
40524	945	ਸਚੁ ਅਰਾਧਿਆ ਗੁਰਮੁਖਿ ਤਰੁ ਤਾਰੀ॥		Sach Araadhhiaa Guramukh Thar Thaaree ||	Worshipping the True Lord in adoration, the Gurmukh crosses over the river of life.	(ਹੇ ਜੋਗੀ!) ਗੁਰੂ ਦੇ ਰਾਹ ਤੇ ਤੁਰ ਕੇ ਸੱਚੇ ਪ੍ਰਭੂ ਦਾ ਸਿਮਰਨ ਕਰ ਕੇ ('ਦੁਤਰ ਸਾਗਰ' ਤੋਂ) ਪਾਰ ਲੰਘ।
40525	945	ਨਾਨਕ ਬੂਝੈ ਕੋ ਵੀਚਾਰੀ॥੬੩॥	ਬੂੱਝੈ	Naanak Boojhai Ko Veechaaree ||63||	O Nanak, after deep contemplation, this is understood. ||63||	(ਪਰ) ਹੇ ਨਾਨਕ! ਕੋਈ ਵਿਰਲਾ ਵਿਚਾਰਵਾਨ (ਇਸ ਗੱਲ ਨੂੰ) ਸਮਝਦਾ ਹੈ ॥੬੩॥
40526	945	ਇਹੁ ਮਨੁ ਮੈਗਲੁ ਕਹਾ ਬਸੀਅਲੇ ਕਹਾ ਬਸੈ ਇਹੁ ਪਵਨਾ॥		Eihu Man Maigal Kehaa Baseealae Kehaa Basai Eihu Pavanaa ||	"Where does this mind-elephant live? Where does the breath reside?	(ਪ੍ਰਸ਼ਨ:) ਮਨੁੱਖ (ਜਗਤ ਦੇ) ਮੁੱਢ (ਪ੍ਰਭੂ) ਨੂੰ ਕਿਵੇਂ ਪਛਾਣੇ? ਆਪਣੇ ਆਤਮਾ ਨੂੰ ਕਿਵੇਂ ਸਮਝੇ? ਚੰਦ੍ਰਮਾ ਦੇ ਘਰ ਵਿਚ ਸੂਰਜ ਕਿਵੇਂ ਟਿਕੇ?
40527	945	ਕਹਾ ਬਸੈ ਸੁ ਸਬਦੁ ਅਉਧੂ ਤਾ ਕਉ ਚੂਕੈ ਮਨ ਕਾ ਭਵਨਾ॥		Kehaa Basai S Sabadh Aoudhhoo Thaa Ko Chookai Man Kaa Bhavanaa ||	Where should the Shabad reside, so that the wanderings of the mind may cease?""	

40528	945	ਨਦਰਿ ਕਰੇ ਤਾ ਸਤਿਗੁਰੁ ਮੇਲੇ ਤਾ ਨਿਜ ਘਰਿ ਵਾਸਾ ਇਹੁ ਮਨੁ ਪਾਏ॥		Nadhar Karae Thaa Sathigur Maelae Thaa Nij Ghar Vaasaa Eihu Man Paaeae ||	When the Lord blesses one with His Glance of Grace, he leads him to the True Guru. Then, this mind dwells in its own home within.	
40529	945	ਆਪੈ ਆਪੁ ਖਾਇ ਤਾ ਨਿਰਮਲੁ ਹੋਵੈ ਧਾਵਤੁ ਵਰਜਿ ਰਹਾਏ॥		Aapai Aap Khaae Thaa Niramal Hovai Dhhaavath Varaj Rehaaeae ||	When the individual consumes his egotism, he becomes immaculate, and his wandering mind is restrained.	
40530	945	ਕਿਉ ਮੂਲੁ ਪਛਾਣੈ ਆਤਮੁ ਜਾਣੈ ਕਿਉ ਸਸਿ ਘਰਿ ਸੂਰੁ ਸਮਾਵੈ॥		Kio Mool Pashhaanai Aatham Jaanai Kio Sas Ghar Soor Samaavai ||	"How can the root, the source of all be realized? How can the soul know itself? How can the sun enter into the house of the moon?"	
40531	945	ਗੁਰਮੁਖਿ ਹਉਮੈ ਵਿਚਹੁ ਖੋਵੈ ਤਉ ਨਾਨਕ ਸਹਜਿ ਸਮਾਵੈ॥੬੪॥		Guramukh Houmai Vichahu Khovai Tho Naanak Sehaj Samaavai ||64||	The Gurmukh eliminates egotism from within; then, O Nanak, the sun naturally enters into the home of the moon. ||64||	(ਉੱਤਰ:) ਜੋ ਮਨੁੱਖ ਗੁਰੂ ਦੇ ਹੁਕਮ ਵਿਚ ਤੁਰਦਾ ਹੈ ਉਹ ਆਪਣੇ ਅੰਦਰੋਂ 'ਹਉਮੈ' ਦੂਰ ਕਰਦਾ ਹੈ, ਤਦੋਂ ਹੇ ਨਾਨਕ! ਉਹ ਸਹਿਜ ਅਵਸਥਾ ਵਿਚ ਟਿਕ ਜਾਂਦਾ ਹੈ ॥੬੪॥

40532	945	ਇਹੁ ਮਨੁ ਨਿਹਚਲੁ ਹਿਰਦੈ ਵਸੀਅਲੇ ਗੁਰਮੁਖਿ ਮੂਲੁ ਪਛਾਣਿ ਰਹੈ॥		Eihu Man Nihachal Hiradhai Vaseealae Guramukh Mool Pashhaan Rehai ||	When the mind becomes steady and stable, it abides in the heart, and then the Gurmukh realizes the root, the source of all.	ਜਦੋਂ ਮਨੁੱਖ ਗੁਰੂ ਦੇ ਹੁਕਮ ਤੇ ਤੁਰ ਕੇ (ਜਗਤ ਦੇ) ਮੂਲ-(ਪ੍ਰਭੂ) ਨੂੰ ਪਛਾਣਦਾ ਹੈ (ਪ੍ਰਭੂ ਨਾਲ ਸਾਂਝ ਪਾਂਦਾ ਹੈ), ਤਾਂ ਇਹ ਮਨ ਅਡੋਲ ਹੋ ਕੇ ਹਿਰਦੇ ਵਿਚ ਟਿਕਦਾ ਹੈ।
40533	945	ਨਾਭਿ ਪਵਨੁ ਘਰਿ ਆਸਣਿ ਬੈਸੈ ਗੁਰਮੁਖਿ ਖੋਜਤ ਤਤੁ ਲਹੈ॥		Naabh Pavan Ghar Aasan Baisai Guramukh Khojath Thath Lehai ||	The breath is seated in the home of the navel; the Gurmukh searches, and finds the essence of reality.	ਪ੍ਰਾਣ (ਭਾਵ, ਸੁਆਸ) ਨਾਭੀ-ਰੂਪ ਘਰ ਵਿਚ ਆਸਣ ਤੇ ਬੈਠਦਾ ਹੈ (ਭਾਵ, ਪ੍ਰਾਣਾਂ ਦਾ ਆਰੰਭ ਨਾਭੀ ਤੋਂ ਹੁੰਦਾ ਹੈ), ਗੁਰੂ ਦੀ ਰਾਹੀਂ ਖੋਜ ਕਰ ਕੇ ਮਨੁੱਖ ਅਸਲੀਅਤ ਲੱਭਦਾ ਹੈ।
40534	945	ਸੁ ਸਬਦੁ ਨਿਰੰਤਰਿ ਨਿਜ ਘਰਿ ਆਛੈ ਤ੍ਰਿਭਵਣ ਜੋਤਿ ਸੁ ਸਬਦਿ ਲਹੈ॥		S Sabadh Niranthar Nij Ghar Aashhai Thribhavan Joth S Sabadh Lehai ||	This Shabad permeates the nucleus of the self, deep within, in its own home; the Light of this Shabad pervades the three worlds.	ਉਹ ਸ਼ਬਦ (ਜੋ 'ਦੁਤਰ ਸਾਗਰ' ਤੋਂ ਤਾਰਦਾ ਹੈ) ਇਕ-ਰਸ ਆਪਣੇ ਅਸਲ ਘਰ ਵਿਚ (ਭਾਵ, ਸੁੰਨ ਪ੍ਰਭੂ ਵਿਚ) ਟਿਕਦਾ ਹੈ, ਮਨੁੱਖ ਉਸ ਸ਼ਬਦ ਦੀ ਰਾਹੀਂ (ਹੀ) ਤ੍ਰਿਲੋਕੀ ਵਿਚ ਵਿਆਪਕ ਪ੍ਰਭੂ ਦੀ ਜੋਤਿ ਨੂੰ ਲੱਭਦਾ ਹੈ।
40535	945	ਖਾਵੈ ਦੂਖ ਭੂਖ ਸਾਚੇ ਕੀ ਸਾਚੇ ਹੀ ਤ੍ਰਿਪਤਾਸਿ ਰਹੈ॥		Khaavai Dhookh Bhookh Saachae Kee Saachae Hee Thripathaas Rehai ||	Hunger for the True Lord shall consume your pain, and through the True Lord, you shall be satisfied.	(ਜਿਉਂ ਜਿਉਂ) ਸੱਚੇ ਪ੍ਰਭੂ ਨੂੰ ਮਿਲਣ ਦੀ ਤਾਂਘ ਵਧਦੀ ਹੈ (ਤਿਉਂ ਤਿਉਂ) ਮਨੁੱਖ ਦੁੱਖਾਂ ਨੂੰ ਮੁਕਾ ਲੈਂਦਾ ਹੈ; ਸੱਚੇ ਪ੍ਰਭੂ ਵਿਚ ਹੀ ਤ੍ਰਿਪਤ ਰਹਿੰਦਾ ਹੈ।

40536	945	ਅਨਹਦ ਬਾਣੀ ਗੁਰਮੁਖਿ ਜਾਣੀ ਬਿਰਲੋ ਕੋ ਅਰਥਾਵੈ॥		Anehadh Baanee Guramukh Jaanee Biralo Ko Arathhaavai ||	The Gurmukh knows the unstruck sound current of the Bani; how rare are those who understand.	ਇਕ-ਰਸ ਵਿਆਪਕ ਰੱਬੀ ਜੀਵਨ-ਰੌ ਨੂੰ ਕਿਸੇ ਵਿਰਲੇ ਗੁਰਮੁਖ ਨੇ ਜਾਣਿਆ ਹੈ ਕਿਸੇ ਵਿਰਲੇ ਨੇ ਇਹ ਰਾਜ਼ ਸਮਝਿਆ ਹੈ।
40537	945	ਨਾਨਕੁ ਆਖੈ ਸਚੁ ਸੁਭਾਖੈ ਸਚਿ ਰਪੈ ਰੰਗੁ ਕਬਹੂ ਨ ਜਾਵੈ॥੬੫॥	(ਰਪੈ) ਰੰਗੇ ਜਾਣੇ। ਰਪੈ: ਪੋਲਾ ਬੋਲੋ	Naanak Aakhai Sach Subhaakhai Sach Rapai Rang Kabehoo N Jaavai ||65||	Says Nanak, one who speaks the Truth is dyed in the color of Truth, which will never fade away. ||65||	ਨਾਨਕ ਆਖਦਾ ਹੈ (ਜਿਸ ਨੇ ਸਮਝਿਆ ਹੈ) ਉਹ ਸੱਚੇ ਪ੍ਰਭੂ ਨੂੰ ਸਿਮਰਦਾ ਹੈ, ਸੱਚੇ ਵਿਚ ਰੰਗਿਆ ਰਹਿੰਦਾ ਹੈ, ਉਸ ਦਾ ਇਹ ਰੰਗ ਕਦੇ ਉਤਰਦਾ ਨਹੀਂ ॥੬੫॥
40538	945	ਜਾ ਇਹੁ ਹਿਰਦਾ ਦੇਹ ਨ ਹੋਤੀ ਤਉ ਮਨੁ ਕੈਠੈ ਰਹਤਾ॥		Jaa Eihu Hiradhaa Dhaeh N Hothee Tho Man Kaithai Rehathaa ||	"When this heart and body did not exist, where did the mind reside?	
40539	945	ਨਾਭਿ ਕਮਲ ਅਸਥੰਭੁ ਨ ਹੋਤੋ ਤਾ ਪਵਨੁ ਕਵਨ ਘਰਿ ਸਹਤਾ॥		Naabh Kamal Asathhanbh N Hotho Thaa Pavan Kavan Ghar Sehathaa ||	When there was no support of the navel lotus, then in which home did the breath reside?	
40540	945	ਰੂਪੁ ਨ ਹੋਤੋ ਰੇਖ ਨ ਕਾਈ ਤਾ ਸਬਦਿ ਕਹਾ ਲਿਵ ਲਾਈ॥		Roop N Hotho Raekh N Kaaee Thaa Sabadh Kehaa Liv Laaee ||	When there was no form or shape, then how could anyone lovingly focus on the Shabad?	

40541	945	ਰਕਤੁ ਬਿੰਦੁ ਕੀ ਮੜੀ ਨ ਹੋਤੀ ਮਿਤਿ ਕੀਮਤਿ ਨਹੀ ਪਾਈ॥	ਮੜ੍ਹੀ	Rakath Bindh Kee Marree N Hothee Mith Keemath Nehee Paaee ||	When there was no dungeon formed from egg and sperm, who could measure the Lord's value and extent?	
40542	945	ਵਰਨੁ ਭੇਖੁ ਅਸ ਰੂਪੁ ਨ ਜਾਪੀ ਕਿਉ ਕਰਿ ਜਾਪਸਿ ਸਾਚਾ॥	(ਦੂਜਾ ਪਾਠ: ਅਸਰੂਪੁ)	Varan Bhaekh Asaroop N Jaapee Kio Kar Jaapas Saachaa ||	When color, dress and form could not be seen, how could the True Lord be known?""	
40543	945	ਨਾਨਕ ਨਾਮਿ ਰਤੇ ਬੈਰਾਗੀ ਇਬ ਤਬ ਸਾਚੋ ਸਾਚਾ॥੬੬॥		Naanak Naam Rathae Bairaagee Eib Thab Saacho Saachaa ||66||	O Nanak, those who are attuned to the Naam, the Name of the Lord, are detached. Then and now, they see the Truest of the True. ||66||	
40544	945	ਹਿਰਦਾ ਦੇਹ ਨ ਹੋਤੀ ਅਉਧੂ ਤਉ ਮਨੁ ਸੁੰਨਿ ਰਹੈ ਬੈਰਾਗੀ॥		Hiradhaa Dhaeh N Hothee Aoudhhoo Tho Man Sunn Rehai Bairaagee ||	When the heart and the body did not exist, O hermit, then the mind resided in the absolute, detached Lord.	

40545	945	ਨਾਭਿ ਕਮਲੁ ਅਸਥੰਭੁ ਨ ਹੋਤੋ ਤਾ ਨਿਜ ਘਰਿ ਬਸਤਉ ਪਵਨੁ ਅਨਰਾਗੀ॥		Naabh Kamal Asathhanbh N Hotho Thaa Nij Ghar Basatho Pavan Anaraagee ||	When there was no support of the lotus of the navel, the breath remained in its own home, attuned to the Lord's Love.	
40546	945	ਰੂਪੁ ਨ ਰੇਖਿਆ ਜਾਤਿ ਨ ਹੋਤੀ ਤਉ ਅਕੁਲੀਣਿ ਰਹਤਉ ਸਬਦੁ ਸੁ ਸਾਰੁ॥	ਅ-ਕੁਲੀਣਿ	Roop N Raekhiaa Jaath N Hothee Tho Akuleen Rehatho Sabadh S Saar ||	When there was no form or shape or social class, then the Shabad, in its essence, resided in the unmanifest Lord.	
40547	945	ਗਉਨੁ ਗਗਨੁ ਜਬ ਤਬਹਿ ਨ ਹੋਤਉ ਤ੍ਰਿਭਵਣ ਜੋਤਿ ਆਪੇ ਨਿਰੰਕਾਰੁ॥		Goun Gagan Jab Thabehi N Hotho Thribhavan Joth Aapae Nirankaar ||	When the world and the sky did not even exist, the Light of the Formless Lord filled the three worlds.	ਜਦੋਂ ਜਗਤ ਦੀ ਹਸਤੀ ਨਹੀਂ ਸੀ, ਅਕਾਸ਼ ਨਹੀਂ ਸੀ, ਤਦੋਂ ਆਕਾਰ-ਰਹਿਤ ਤ੍ਰਿਭਵਣੀ ਜੋਤਿ (ਭਾਵ, ਹੁਣ ਤ੍ਰਿਲੋਕੀ ਵਿਚ ਵਿਆਪਕ ਹੋਣ ਵਾਲੀ ਜੋਤਿ) ਆਪ ਹੀ ਆਪ ਸੀ।
40548	946	ਵਰਨੁ ਭੇਖੁ ਅਸ ਰੂਪੁ ਸੁ ਏਕੋ ਏਕੋ ਸਬਦੁ ਵਿਡਾਣੀ॥		Varan Bhaekh Asaroop S Eaeko Eaeko Sabadh Viddaanee ||	Color, dress and form were contained in the One Lord; the Shabad was contained in the One, Wondrous Lord.	ਇਕੋ ਅਸਚਰਜ ਸ਼ਬਦ-ਰੂਪ ਪ੍ਰਭੂ ਹੀ ਸੀ, ਉਹੀ (ਜਗਤ ਦਾ) ਰੰਗ ਭੇਖ ਤੇ ਰੂਪ ਸੀ।

40549	946	ਸਾਚ ਬਿਨਾ ਸੂਚਾ ਕੋ ਨਾਹੀ ਨਾਨਕ ਅਕਥ ਕਹਾਣੀ॥੬੭॥	ਅ-ਕਥ: ਪੋਲਾ ਬੋਲੋ	Saach Binaa Soochaa Ko Naahee Naanak Akathh Kehaanee ||67||	Without the True Name, no one can become pure; O Nanak, this is the Unspoken Speech. ||67||	ਹੇ ਨਾਨਕ! (ਐਸੇ ਉਸ) ਸਦਾ ਕਾਇਮ ਰਹਿਣ ਵਾਲੇ ਪ੍ਰਭੂ (ਨੂੰ ਮਿਲਣ) ਤੋਂ ਬਿਨਾ, ਜਿਸ ਦਾ ਕੋਈ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਕੋਈ ਮਨੁੱਖ ਸੁੱਚਾ ਨਹੀਂ ਹੈ ॥੬੭॥
40550	946	ਕਿਤੁ ਕਿਤੁ ਬਿਧਿ ਜਗੁ ਉਪਜੈ ਪੁਰਖਾ ਕਿਤੁ ਕਿਤੁ ਦੁਖਿ ਬਿਨਸਿ ਜਾਈ॥		Kith Kith Bidhh Jag Oupajai Purakhaa Kith Kith Dhukh Binas Jaaee ||	"How, in what way, was the world formed, O man? And what disaster will end it?"	(ਪ੍ਰਸ਼ਨ:) ਹੇ ਪੁਰਖ! ਜਗਤ ਕਿਸ ਕਿਸ ਵਿਧੀ ਨਾਲ ਉਪਜਦਾ ਹੈ, ਕਿਸ ਤਰ੍ਹਾਂ ਦੁੱਖ ਵਿਚ (ਪੈਂਦਾ) ਹੈ ਤੇ ਕਿਵੇਂ ਨਾਸ ਹੋ ਜਾਂਦਾ ਹੈ?
40551	946	ਹਉਮੈ ਵਿਚਿ ਜਗੁ ਉਪਜੈ ਪੁਰਖਾ ਨਾਮਿ ਵਿਸਰਿਐ ਦੁਖੁ ਪਾਈ॥		Houmai Vich Jag Oupajai Purakhaa Naam Visariai Dhukh Paaee ||	In egotism, the world was formed, O man; forgetting the Naam, it suffers and dies.	(ਉੱਤਰ:) ਹੇ ਪੁਰਖ! ਜਗਤ ਹਉਮੈ ਵਿਚ ਪੈਦਾ ਹੁੰਦਾ ਹੈ, ਜੇ (ਇਸ ਨੂੰ) ਪ੍ਰਭੂ ਦਾ ਨਾਮ ਵਿੱਸਰ ਜਾਏ ਤਾਂ ਦੁੱਖ ਪਾਂਦਾ ਹੈ।
40552	946	ਗੁਰਮੁਖਿ ਹੋਵੈ ਸੁ ਗਿਆਨੁ ਤਤੁ ਬੀਚਾਰੈ ਹਉਮੈ ਸਬਦਿ ਜਲਾਏ॥		Guramukh Hovai S Giaan Thath Beechaarai Houmai Sabadh Jalaaeae ||	One who becomes Gurmukh contemplates the essence of spiritual wisdom; through the Shabad, he burns away his egotism.	ਜੋ ਮਨੁੱਖ ਗੁਰੂ ਦੇ ਹੁਕਮ ਵਿਚ ਤੁਰਦਾ ਹੈ, ਉਹ ਤੱਤ-ਗਿਆਨ ਨੂੰ ਵਿਚਾਰਦਾ ਹੈ ਤੇ (ਆਪਣੀ) ਹਉਮੈ ਗੁਰੂ ਦੇ ਸ਼ਬਦ ਦੀ ਰਾਹੀਂ ਸਾੜਦਾ ਹੈ,

40553	946	ਤਨੁ ਮਨੁ ਨਿਰਮਲੁ ਨਿਰਮਲ ਬਾਣੀ ਸਾਚੈ ਰਹੈ ਸਮਾਏ॥		Than Man Niramal Niramal Baanee Saachai Rehai Samaaeae ||	His body and mind become immaculate, through the Immaculate Bani of the Word. He remains absorbed in Truth.	ਉਸ ਦਾ ਤਨ ਉਸ ਦਾ ਮਨ ਤੇ ਉਸ ਦੀ ਬਾਣੀ ਪਵਿਤ੍ਰ ਹੋ ਜਾਂਦੇ ਹਨ; ਉਹ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਟਿਕਿਆ ਰਹਿੰਦਾ ਹੈ।
40554	946	ਨਾਮੇ ਨਾਮਿ ਰਹੈ ਬੈਰਾਗੀ ਸਾਚੁ ਰਖਿਆ ਉਰਿ ਧਾਰੇ॥		Naamae Naam Rehai Bairaagee Saach Rakhiaa Our Dhhaarae ||	Through the Naam, the Name of the Lord, he remains detached; he enshrines the True Name in his heart.	ਉਹ ਮਨੁੱਖ (ਪ੍ਰਭੂ-ਚਰਨਾਂ ਦਾ) ਮਤਵਾਲਾ ਹੋ ਕੇ ਨਿਰੋਲ ਪ੍ਰਭੂ-ਨਾਮ ਵਿਚ ਹੀ ਜੁੜਿਆ ਰਹਿੰਦਾ ਹੈ, ਸਦਾ ਪ੍ਰਭੂ ਨੂੰ ਹਿਰਦੇ ਵਿਚ ਟਿਕਾਈ ਰੱਖਦਾ ਹੈ।
40555	946	ਨਾਨਕ ਬਿਨੁ ਨਾਵੈ ਜੋਗੁ ਕਦੇ ਨ ਹੋਵੈ ਦੇਖਹੁ ਰਿਦੈ ਬੀਚਾਰੇ॥੬੮॥		Naanak Bin Naavai Jog Kadhae N Hovai Dhaekhahu Ridhai Beechaarae ||68||	O Nanak, without the Name, Yoga is never attained; reflect upon this in your heart, and see. ||68||	ਹੇ ਨਾਨਕ! ਪ੍ਰਭੂ ਦੇ ਨਾਮ ਤੋਂ ਬਿਨਾ ਪ੍ਰਭੂ ਨਾਲ ਮਿਲਾਪ ਕਦੇ ਨਹੀਂ ਹੋ ਸਕਦਾ, ਆਪਣੇ ਹਿਰਦੇ ਵਿਚ ਵਿਚਾਰ ਕੇ ਵੇਖ ਲਵੋ (ਭਾਵ, ਤੁਹਾਡਾ ਆਪਣਾ ਜ਼ਾਤੀ ਤਜਰਬਾ ਇਹੀ ਗਵਾਹੀ ਦੇਵੇਗਾ) ॥੬੮॥
40556	946	ਗੁਰਮੁਖਿ ਸਾਚੁ ਸਬਦੁ ਬੀਚਾਰੈ ਕੋਇ॥		Guramukh Saach Sabadh Beechaarai Koe ||	The Gurmukh is one who reflects upon the True Word of the Shabad.	ਜੇ ਕੋਈ ਮਨੁੱਖ ਗੁਰੂ ਦੇ ਹੁਕਮ ਵਿਚ ਤੁਰਦਾ ਹੈ ਉਹ ਸੱਚੇ ਸ਼ਬਦ ਨੂੰ ਵਿਚਾਰਦਾ ਹੈ,
40557	946	ਗੁਰਮੁਖਿ ਸਚੁ ਬਾਣੀ ਪਰਗਟੁ ਹੋਇ॥		Guramukh Sach Baanee Paragatt Hoe ||	The True Bani is revealed to the Gurmukh.	ਸਤਿਗੁਰੂ ਦੀ ਬਾਣੀ ਦੀ ਰਾਹੀਂ ਸੱਚਾ ਪ੍ਰਭੂ (ਉਸ ਦੇ ਹਿਰਦੇ ਵਿਚ) ਪਰਗਟ ਹੋ ਜਾਂਦਾ ਹੈ।

40558	946	ਗੁਰਮੁਖਿ ਮਨੁ ਭੀਜੈ ਵਿਰਲਾ ਬੂਝੈ ਕੋਇ॥		Guramukh Man Bheejai Viralaa Boojhai Koe ||	The mind of the Gurmukh is drenched with the Lord's Love, but how rare are those who understand this.	ਗੁਰਮੁਖਿ ਮਨੁੱਖ ਦਾ ਮਨ (ਨਾਮ-ਰਸ ਵਿਚ) ਭਿੱਜਦਾ ਹੈ, (ਪਰ ਇਸ ਗੱਲ ਨੂੰ) ਕੋਈ ਵਿਰਲਾ ਸਮਝਦਾ ਹੈ।
40559	946	ਗੁਰਮੁਖਿ ਨਿਜ ਘਰਿ ਵਾਸਾ ਹੋਇ॥		Guramukh Nij Ghar Vaasaa Hoe ||	The Gurmukh dwells in the home of the self, deep within.	ਗੁਰੂ ਦੇ ਸਨਮੁਖ ਮਨੁੱਖ ਦਾ ਨਿਵਾਸ ਆਪਣੇ ਅਸਲ ਸਰੂਪ ਵਿਚ ਹੋਇਆ ਰਹਿੰਦਾ ਹੈ।
40560	946	ਗੁਰਮੁਖਿ ਜੋਗੀ ਜੁਗਤਿ ਪਛਾਣੈ॥		Guramukh Jogee Jugath Pashhaanai ||	The Gurmukh realizes the Way of Yoga.	ਜੋ ਮਨੁੱਖ ਸਤਿਗੁਰੂ ਦੇ ਹੁਕਮ ਵਿਚ ਤੁਰਦਾ ਹੈ ਉਹੀ (ਅਸਲ) ਜੋਗੀ ਹੈ ਉਹ (ਪ੍ਰਭੂ ਨਾਲ ਮਿਲਾਪ ਦੀ) ਜੁਗਤਿ ਪਛਾਣਦਾ ਹੈ।
40561	946	ਗੁਰਮੁਖਿ ਨਾਨਕ ਏਕੋ ਜਾਣੈ ॥੬੯॥		Guramukh Naanak Eaeko Jaanai ||69||	O Nanak, the Gurmukh knows the One Lord alone. ||69||	ਹੇ ਨਾਨਕ! ਗੁਰੂ ਦੇ ਹੁਕਮ ਵਿਚ ਤੁਰਨ ਵਾਲਾ ਮਨੁੱਖ ਇੱਕ ਪ੍ਰਭੂ ਨੂੰ (ਹਰ ਥਾਂ ਵਿਆਪਕ) ਜਾਣਦਾ ਹੈ ॥੬੯॥
40562	946	ਬਿਨੁ ਸਤਿਗੁਰ ਸੇਵੇ ਜੋਗੁ ਨ ਹੋਈ॥		Bin Sathigur Saevae Jog N Hoee ||	Without serving the True Guru, Yoga is not attained;	ਸਤਿਗੁਰੂ ਦੀ ਦੱਸੀ ਕਾਰ ਕਰਨ ਤੋਂ ਬਿਨਾ (ਪ੍ਰਭੂ ਨਾਲ) ਮੇਲ ਨਹੀਂ ਹੁੰਦਾ,
40563	946	ਬਿਨੁ ਸਤਿਗੁਰ ਭੇਟੇ ਮੁਕਤਿ ਨ ਕੋਈ॥		Bin Sathigur Bhaettae Mukath N Koee ||	Without meeting the True Guru, no one is liberated.	ਗੁਰੂ ਨੂੰ ਮਿਲਣ ਤੋਂ ਬਿਨਾ ਮੁਕਤੀ ਨਹੀਂ ਲੱਭਦੀ।

40564	946	ਬਿਨੁ ਸਤਿਗੁਰ ਭੇਟੇ ਨਾਮੁ ਪਾਇਆ ਨ ਜਾਇ॥		Bin Sathigur Bhaettae Naam Paaeiaa N Jaae ||	Without meeting the True Guru, the Naam cannot be found.	ਗੁਰੂ ਨੂੰ ਮਿਲਣ ਬਗ਼ੈਰ ਪ੍ਰਭੂ ਦਾ ਨਾਮ ਮਿਲ ਨਹੀਂ ਸਕਦਾ,
40565	946	ਬਿਨੁ ਸਤਿਗੁਰ ਭੇਟੇ ਮਹਾ ਦੁਖੁ ਪਾਇ॥		Bin Sathigur Bhaettae Mehaa Dhukh Paae ||	Without meeting the True Guru, one suffers in terrible pain.	ਗੁਰੂ ਨੂੰ ਮਿਲਣ ਤੋਂ ਬਿਨਾ ਮਨੁੱਖ ਬੜਾ ਕਸ਼ਟ ਉਠਾਂਦਾ ਹੈ।
40566	946	ਬਿਨੁ ਸਤਿਗੁਰ ਭੇਟੇ ਮਹਾ ਗਰਬਿ ਗੁਬਾਰਿ॥		Bin Sathigur Bhaettae Mehaa Garab Gubaar ||	Without meeting the True Guru, there is only the deep darkness of egotistical pride.	ਗੁਰੂ ਨੂੰ ਮਿਲਣ ਤੋਂ ਬਿਨਾ ਘੋਰ ਹਨੇਰੇ ਵਿਚ ਅਹੰਕਾਰ ਵਿਚ ਰਹਿੰਦਾ ਹੈ।
40567	946	ਨਾਨਕ ਬਿਨੁ ਗੁਰ ਮੁਆ ਜਨਮੁ ਹਾਰਿ॥੭੦॥		Naanak Bin Gur Muaa Janam Haar ||70||	O Nanak, without the True Guru, one dies, having lost the opportunity of this life. ||70||	ਹੇ ਨਾਨਕ! ਸਤਿਗੁਰੂ ਤੋਂ ਬਿਨਾ ਮਨੁੱਖ ਜ਼ਿੰਦਗੀ (ਦੀ ਬਾਜ਼ੀ) ਹਾਰ ਕੇ ਆਤਮਕ ਮੌਤ ਸਹੇੜਦਾ ਹੈ ॥੭੦॥
40568	946	ਗੁਰਮੁਖਿ ਮਨੁ ਜੀਤਾ ਹਉਮੈ ਮਾਰਿ॥		Guramukh Man Jeethaa Houmai Maar ||	The Gurmukh conquers his mind by subduing his ego.	ਜੋ ਮਨੁੱਖ ਗੁਰੂ ਦੇ ਹੁਕਮ ਵਿਚ ਤੁਰਦਾ ਹੈ ਉਸ ਨੇ (ਆਪਣੀ) ਹਉਮੈ ਨੂੰ ਮਾਰ ਕੇ ਆਪਣਾ ਮਨ ਜਿੱਤ ਲਿਆ ਹੈ।
40569	946	ਗੁਰਮੁਖਿ ਸਾਚੁ ਰਖਿਆ ਉਰ ਧਾਰਿ॥		Guramukh Saach Rakhiaa Our Dhaar ||	The Gurmukh enshrines Truth in his heart.	ਗੁਰੂ ਦੇ ਹੁਕਮ ਵਿਚ ਤੁਰਨ ਵਾਲੇ ਨੇ ਸਦਾ ਟਿਕੇ ਰਹਿਣ ਵਾਲੇ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਪਰੋ ਲਿਆ ਹੈ।

40570	946	ਗੁਰਮੁਖਿ ਜਗੁ ਜੀਤਾ ਜਮਕਾਲੁ ਮਾਰਿ ਬਿਦਾਰਿ॥		Guramukh Jag Jeethaa Jamakaal Maar Bidhaar ||	The Gurmukh conquers the world; he knocks down the Messenger of Death, and kills it.	ਗੁਰੂ ਦੇ ਹੁਕਮ ਵਿਚ ਤੁਰਨ ਵਾਲੇ ਨੇ ਮੌਤ ਦਾ ਡਰ ਮਾਰ ਮੁਕਾ ਕੇ ਉਸ ਨੇ ਜਗਤ ਜਿੱਤ ਲਿਆ ਹੈ।
40571	946	ਗੁਰਮੁਖਿ ਦਰਗਹ ਨ ਆਵੈ ਹਾਰਿ॥		Guramukh Dharageh N Aavai Haar ||	The Gurmukh does not lose in the Court of the Lord.	ਗੁਰੂ ਦੇ ਹੁਕਮ ਵਿਚ ਤੁਰਨ ਵਾਲਾ (ਮਨੁੱਖਾ ਜੀਵਨ ਦੀ ਬਾਜ਼ੀ) ਹਾਰ ਕੇ ਹਜ਼ੂਰੀ ਵਿਚ ਨਹੀਂ ਜਾਂਦਾ (ਭਾਵ, ਜਿੱਤ ਕੇ ਜਾਂਦਾ ਹੈ)।
40572	946	ਗੁਰਮੁਖਿ ਮੇਲਿ ਮਿਲਾਏ ਸੋ ਜਾਣੈ॥	ਸੋ: ਹੋੜੇ ਔਂਕੜ ਵਿਚਾਲੇ ਬੋਲੋ ਜੀ	Guramukh Mael Milaaeae Suo Jaanai ||	The Gurmukh is united in God's Union; he alone knows.	ਗੁਰਮੁਖ ਮਨੁੱਖ ਨੂੰ ਪ੍ਰਭੂ ਸੰਜੋਗ ਬਣਾ ਕੇ (ਆਪਣੇ ਵਿਚ) ਮਿਲਾ ਲੈਂਦਾ ਹੈ (ਇਸ ਭੇਤ ਨੂੰ) ਉਹ ਗੁਰਮੁਖ (ਹੀ) ਸਮਝਦਾ ਹੈ।
40573	946	ਨਾਨਕ ਗੁਰਮੁਖਿ ਸਬਦਿ ਪਛਾਣੈ॥੭੧॥		Naanak Guramukh Sabadh Pashhaanai ||71||	O Nanak, the Gurmukh realizes the Word of the Shabad. ||71||	ਹੇ ਨਾਨਕ! ਗੁਰੂ ਦੇ ਸਨਮੁਖ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਪ੍ਰਭੂ ਨਾਲ) ਜਾਣ-ਪਛਾਣ ਬਣਾ ਲੈਂਦਾ ਹੈ ॥੭੧॥
40574	946	ਸਬਦੈ ਕਾ ਨਿਬੇੜਾ ਸੁਣਿ ਤੂ ਅਉਧੂ ਬਿਨੁ ਨਾਵੈ ਜੋਗੁ ਨ ਹੋਈ॥		Sabadhai Kaa Nibaerraa Sun Thoo Aoudhhoo Bin Naavai Jog N Hoee ||	This is the essence of the Shabad - listen, you hermits and Yogis. Without the Name, there is no Yoga.	ਹੇ ਜੋਗੀ! ਸੁਣ, ਸਾਰੇ ਉਪਦੇਸ਼ ਦਾ ਸਾਰ (ਇਹ ਹੈ ਕਿ) ਪ੍ਰਭੂ ਦੇ ਨਾਮ ਤੋਂ ਬਿਨਾ ਜੋਗ (ਪ੍ਰਭੂ ਦਾ ਮਿਲਾਪ) ਨਹੀਂ।

40575	946	ਨਾਮੇ ਰਾਤੇ ਅਨ ਦਿਨੁ ਮਾਤੇ ਨਾਮੈ ਤੇ ਸੁਖੁ ਹੋਈ॥		Naamae Raathae Anadhin Maathae Naamai Thae Sukh Hoee ||	Those who are attuned to the Name, remain intoxicated night and day; through the Name, they find peace.	ਜੋ 'ਨਾਮ' ਵਿਚ ਰੱਤੇ ਹੋਏ ਹਨ ਉਹੀ ਹਰ ਵੇਲੇ ਮਤਵਾਲੇ ਹਨ। 'ਨਾਮ' ਤੋਂ ਹੀ ਸੁਖ ਮਿਲਦਾ ਹੈ।
40576	946	ਨਾਮੈ ਹੀ ਤੇ ਸਭੁ ਪਰਗਟੁ ਹੋਵੈ ਨਾਮੇ ਸੋਝੀ ਪਾਈ॥		Naamai Hee Thae Sabh Paragatt Hovai Naamae Sojhee Paaee ||	Through the Name, everything is revealed; through the Name, understanding is obtained.	'ਨਾਮ' ਤੋਂ ਹੀ ਪੂਰਨ ਗਿਆਨ ਪ੍ਰਾਪਤ ਹੁੰਦਾ ਹੈ, 'ਨਾਮ' ਤੋਂ ਹੀ ਸਾਰੀ ਸੂਝ ਪੈਂਦੀ ਹੈ।
40577	946	ਬਿਨੁ ਨਾਵੈ ਭੇਖ ਕਰਹਿ ਬਹੁਤੇਰੇ ਸਚੈ ਆਪਿ ਖੁਆਈ॥		Bin Naavai Bhaekh Karehi Bahuthaerae Sachai Aap Khuaaee ||	Without the Name, people wear all sorts of religious robes; the True Lord Himself has confused them.	ਪ੍ਰਭੂ ਦਾ ਨਾਮ ਛੱਡ ਕੇ ਜੋ ਮਨੁੱਖ ਹੋਰ ਬਥੇਰੇ ਭੇਖ ਕਰਦੇ ਹਨ ਉਹਨਾਂ ਨੂੰ ਸੱਚੇ ਪ੍ਰਭੂ ਨੇ ਆਪ ਹੀ ਕੁਰਾਹੇ ਪਾ ਦਿੱਤਾ ਹੈ।
40578	946	ਸਤਿਗੁਰ ਤੇ ਨਾਮੁ ਪਾਈਐ ਅਉਧੂ ਜੋਗ ਜੁਗਤਿ ਤਾ ਹੋਈ॥		Sathigur Thae Naam Paaeeai Aoudhhoo Jog Jugath Thaa Hoee ||	The Name is obtained only from the True Guru, O hermit, and then, the Way of Yoga is found.	ਹੇ ਜੋਗੀ! ਸਤਿਗੁਰੂ ਤੋਂ ਪ੍ਰਭੂ ਦਾ 'ਨਾਮ' ਮਿਲਦਾ ਹੈ ('ਨਾਮ' ਮਿਲਿਆਂ ਹੀ) ਜੋਗ ਦੀ ਸੁਰਤ ਸਿਰੇ ਚੜ੍ਹਦੀ ਹੈ।

40579	946	ਕਰਿ ਬੀਚਾਰੁ ਮਨਿ ਦੇਖਹੁ ਨਾਨਕ ਬਿਨੁ ਨਾਵੈ ਮੁਕਤਿ ਨ ਹੋਈ॥੭੨॥		Kar Beechaar Man Dhaekhahu Naanak Bin Naavai Mukath N Hoee ||72||	Reflect upon this in your mind, and see; O Nanak, without the Name, there is no liberation. ||72||	ਹੇ ਨਾਨਕ! ਮਨ ਵਿਚ ਵਿਚਾਰ ਕਰ ਕੇ ਵੇਖ ਲਵੋ, 'ਨਾਮ' ਤੋਂ ਬਿਨਾ ਮੁਕਤੀ ਨਹੀਂ ਮਿਲਦੀ (ਭਾਵ, ਤੁਹਾਡਾ ਆਪਣਾ ਜ਼ਾਤੀ ਤਜਰਬਾ ਦੱਸ ਦੇਵੇਗਾ ਕਿ ਨਾਮ ਸਿਮਰਨ ਤੋਂ ਬਿਨਾ ਹਉਮੈ ਤੋਂ ਖ਼ਲਾਸੀ ਨਹੀਂ ਹੁੰਦੀ)।੭੨॥੭੨॥
40580	946	ਤੇਰੀ ਗਤਿ ਮਿਤਿ ਤੂਹੈ ਜਾਣਹਿ ਕਿਆ ਕੋ ਆਖਿ ਵਖਾਣੈ॥		Thaeree Gath Mith Thoohai Jaanehi Kiaa Ko Aakh Vakhaanai ||	You alone know Your state and extent, Lord; What can anyone say about it?	ਤੂੰ ਕਿਹੋ ਜਿਹਾ ਹੈਂ ਤੇ ਕੇਡਾ ਵੱਡਾ ਹੈਂ, ਹੇ ਪ੍ਰਭੂ! ਇਹ ਗੱਲ ਤੂੰ ਆਪ ਹੀ ਜਾਣਦਾ ਹੈ। ਕੋਈ ਹੋਰ ਕੀਹ ਕਹਿ ਕੇ ਦੱਸ ਸਕਦਾ ਹੈ?
40581	946	ਤੂ ਆਪੇ ਗੁਪਤਾ ਆਪੇ ਪਰਗਟੁ ਆਪੇ ਸਭਿ ਰੰਗ ਮਾਣੈ॥		Thoo Aapae Gupathaa Aapae Paragatt Aapae Sabh Rang Maanai ||	You Yourself are hidden, and You Yourself are revealed. You Yourself enjoy all pleasures.	ਤੂੰ ਆਪ ਹੀ ਲੁਕਿਆ ਹੋਇਆ ਹੈਂ ਤੂੰ ਆਪ ਹੀ ਪਰਗਟ ਹੈਂ (ਭਾਵ, ਸੂਖਮ ਤੇ ਅਸਥੂਲ ਤੂੰ ਆਪ ਹੀ ਹੈਂ), ਤੂੰ ਆਪ ਹੀ ਸਾਰੇ ਰੰਗ ਮਾਣ ਰਿਹਾ ਹੈਂ।
40582	946	ਸਾਧਿਕ ਸਿਧ ਗੁਰੂ ਬਹੁ ਚੇਲੇ ਖੋਜਤ ਫਿਰਹਿ ਫੁਰਮਾਣੈ॥		Saadhhik Sidhh Guroo Bahu Chaelae Khojath Firehi Furamaanai ||	The seekers, the Siddhas, the many gurus and disciples wander around searching for You, according to Your Will.	ਸਾਧਨ ਕਰਨ ਵਾਲੇ ਤੇ ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਗੁਰੂ ਤੇ ਉਹਨਾਂ ਦੇ ਕਈ ਚੇਲੇ ਤੇਰੇ ਹੁਕਮ ਵਿਚ ਤੈਨੂੰ ਖੋਜਦੇ ਫਿਰਦੇ ਹਨ,

40583	946	ਮਾਗਹਿ ਨਾਮੁ ਪਾਇ ਇਹ ਭਿਖਿਆ ਤੇਰੇ ਦਰਸਨ ਕਉ ਕੁਰਬਾਣੈ॥	ਭਿੱਖਿਆ	Maagehi Naam Paae Eih Bhikhiaa Thaerae Dharasan Ko Kurabaanai ||	They beg for Your Name, and You bless them with this charity. I am a sacrifice to the Blessed Vision of Your Darshan.	ਤੈਥੋਂ ਤੇਰਾ 'ਨਾਮ' ਮੰਗਦੇ ਹਨ, ਤੈਥੋਂ ਇਹ ਭਿੱਖਿਆ ਲੈ ਕੇ ਤੇਰੇ ਦੀਦਾਰ ਤੋਂ ਸਦਕੇ ਹੁੰਦੇ ਹਨ।
40584	946	ਅਬਿਨਾਸੀ ਪ੍ਰਭਿ ਖੇਲੁ ਰਚਾਇਆ ਗੁਰਮੁਖਿ ਸੋਝੀ ਹੋਈ॥		Abinaasee Prabh Khael Rachaaeiaa Guramukh Sojhee Hoee ||	The eternal imperishable Lord God has staged this play; the Gurmukh understands it.	ਅਬਿਨਾਸੀ ਪ੍ਰਭੂ ਨੇ (ਇਹ ਜਗਤ ਦੀ) ਖੇਡ ਰਚੀ ਹੈ ਗੁਰਮੁਖ ਮਨੁੱਖ ਨੂੰ ਇਹ ਸਮਝ ਪੈਂਦੀ ਹੈ।
40585	946	ਨਾਨਕ ਸਭਿ ਜੁਗ ਆਪੇ ਵਰਤੈ ਦੂਜਾ ਅਵਰੁ ਨ ਕੋਈ॥੭੩॥੧॥		Naanak Sabh Jug Aapae Varathai Dhoojaa Avar N Koee ||73||1||	O Nanak, He extends Himself throughout the ages; there is no other than Him. ||73||1||	ਹੇ ਨਾਨਕ! ਸਾਰੇ ਹੀ ਜੁਗਾਂ ਵਿਚ ਉਹ ਆਪ ਹੀ ਮੌਜੂਦ ਹੈ, ਕੋਈ ਹੋਰ ਦੂਜਾ (ਉਸ ਵਰਗਾ) ਨਹੀਂ ॥੭੩॥੧॥
40586	947	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
40587	947	ਰਾਮਕਲੀ ਕੀ ਵਾਰ ਮਹਲਾ ੩॥		Raamakalee Kee Vaar Mehalaa 3 ||	Vaar Of Raamkalee, Third Mehl,	ਰਾਗ ਰਾਮਕਲੀ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ 'ਵਾਰ'।

40588	947	ਜੋਧੈ ਵੀਰੈ ਪੂਰਬਾਣੀ ਕੀ ਧੁਨੀ॥	(ਜੋਧੈ, ਵੀਰੈ) ਸਕੇ ਭਰਾ ਰਾਜਪੂਤ, ਰਾਜੇ ਪੂਰਬਾਣੀ ਦੇ ਸਪੁੱਤ੍ਰ ਸਨ	Jodhhai Veerai Poorabaanee Kee Dhhunee ||	To Be Sung To The Tune Of 'Jodha And Veera Poorbaanee':	ਇਸ ਵਾਰ ਦੀਆਂ ਪਉੜੀਆਂ ਉਸੇ ਸੁਰ (ਧੁਨਿ) ਤੇ ਗਾਈਆਂ ਹਨ ਜਿਸ ਸੁਰ ਤੇ ਜੋਧੇ ਤੇ ਵੀਰੇ ਦੀ ਵਾਰ ਦੀਆਂ ਪਉੜੀਆਂ ਗਾਵੀਆਂ ਜਾਂਦੀਆਂ ਸਨ।
40589	947	ਸਲੋਕੁ ਮਃ ੩॥		Salok Ma 3 ||	Shalok, Third Mehl:	
40590	947	ਸਤਿਗੁਰੁ ਸਹਜੈ ਦਾ ਖੇਤੁ ਹੈ ਜਿਸ ਨੋ ਲਾਏ ਭਾਉ॥		Sathigur Sehajai Dhaa Khaeth Hai Jis No Laaeae Bhaao ||	The True Guru is the field of intuitive wisdom. One who is inspired to love Him,	ਸਤਿਗੁਰੂ ਅਡੋਲਤਾ ਤੇ ਸ਼ਾਂਤੀ ਦਾ ਖੇਤ ਹੈ, (ਪ੍ਰਭੂ) ਜਿਸ ਨੂੰ (ਇਸ ਅਡੋਲਤਾ ਦੇ ਖੇਤ ਗੁਰੂ ਨਾਲ) ਪਿਆਰ ਬਖ਼ਸ਼ਦਾ ਹੈ,
40591	947	ਨਾਉ ਬੀਜੇ ਨਾਉ ਉਗਵੈ ਨਾਮੇ ਰਹੈ ਸਮਾਇ॥		Naao Beejae Naao Ougavai Naamae Rehai Samaae ||	Plants the seed of the Name there. The Name sprouts up, and he remains absorbed in the Name.	(ਉਹ ਭੀ "ਸਹਜੈ ਦਾ ਖੇਤੁ" ਬਣ ਜਾਂਦਾ ਹੈ, ਤੇ ਉਹ ਉਸ ਖੇਤ ਵਿਚ) ਪ੍ਰਭੂ ਦਾ ਨਾਮ ਬੀਜਦਾ ਹੈ (ਓਥੇ) ਨਾਮ ਉੱਗਦਾ ਹੈ, ਉਹ ਮਨੁੱਖ ਨਾਮ ਵਿਚ ਹੀ ਟਿਕਿਆ ਰਹਿੰਦਾ ਹੈ।
40592	947	ਹਉਮੈ ਏਹੋ ਬੀਜੁ ਹੈ ਸਹਸਾ ਗਇਆ ਵਿਲਾਇ॥		Houmai Eaeho Beej Hai Sehasaa Gaeiaa Vilaae ||	But this egotism is the seed of skepticism; it has been uprooted.	ਇਹ ਜੋ (ਸੰਹਸਿਆਂ ਦਾ) ਮੂਲ ਹਉਮੈ ਹੈ (ਇਹ ਹਉਮੈ ਉਸ ਮਨੁੱਖ ਵਿਚ ਨਹੀਂ ਹੁੰਦੀ, ਸੋ ਇਸ ਤੋਂ ਪੈਦਾ ਹੋਣ ਵਾਲਾ) "ਸਹਸਾ" (ਉਸ ਮਨੁੱਖ ਦਾ) ਦੂਰ ਹੋ ਜਾਂਦਾ ਹੈ।
40593	947	ਨਾ ਕਿਛੁ ਬੀਜੇ ਨ ਉਗਵੈ ਜੋ ਬਖਸੇ ਸੋ ਖਾਇ॥		Naa Kishh Beejae N Ougavai Jo Bakhasae So Khaae ||	It is not planted there, and it does not sprout; whatever God grants us, we eat.	ਨਾਹ ਉਹ ਕੋਈ ਐਸਾ ਬੀਜ ਬੀਜਦਾ ਹੈ ਨਾਹ (ਓਥੇ 'ਸਹਸਾ') ਉੱਗਦਾ ਹੈ। ਉਹ ਮਨੁੱਖ ਪ੍ਰਭੂ ਦੀ ਬਖ਼ਸ਼ਸ਼ ਦਾ ਫਲ ਖਾਂਦਾ ਹੈ।

40594	947	ਅੰਭੈ ਸੇਤੀ ਅੰਭੁ ਰਲਿਆ ਬਹੁੜਿ ਨ ਨਿਕਸਿਆ ਜਾਇ ॥		Anbhai Saethee Anbh Raliaa Bahurr N Nikasiaa Jaae ||	When water mixes with water, it cannot be separated again.	(ਨਾਮ ਸਿਮਰਦਾ ਹੈ, ਨਾਮ ਵਿਚ ਲੀਨ ਰਹਿੰਦਾ ਹੈ)। ਜਿਵੇਂ ਪਾਣੀ ਨਾਲ ਪਾਣੀ ਰਲ ਜਾਏ ਤਾਂ ਮੁੜ (ਉਹ ਪਾਣੀ) ਵੱਖ ਨਹੀਂ ਕੀਤਾ ਜਾ ਸਕਦਾ,
40595	947	ਨਾਨਕ ਗੁਰਮੁਖਿ ਚਲਤੁ ਹੈ ਵੇਖਹੁ ਲੋਕਾ ਆਇ॥		Naanak Guramukh Chalath Hai Vaekhahu Lokaa Aae ||	O Nanak, the Gurmukh is wonderful; come, poeple, and see!	ਇਸੇ ਤਰ੍ਹਾਂ, ਹੇ ਨਾਨਕ! ਉਸ ਮਨੁੱਖ ਦੀ ਹਾਲਤ ਹੈ ਜੋ ਗੁਰੂ ਦੇ ਹੁਕਮ ਵਿਚ ਤੁਰਦਾ ਹੈ। ਹੇ ਲੋਕੋ! (ਬੇਸ਼ੱਕ) ਆ ਕੇ ਵੇਖ ਲਵੋ (ਪਰਖ ਲਵੋ)।
40596	947	ਲੋਕੁ ਕਿ ਵੇਖੈ ਬਪੁੜਾ ਜਿਸ ਨੋ ਸੋਝੀ ਨਾਹਿ॥		Lok K Vaekhai Bapurraa Jis No Sojhee Naahi ||	But what can the poor people see? They do not understand.	ਪਰ ਵਿਚਾਰਾ ਜਗਤ ਕੀਹ ਵੇਖੇ? ਇਸ ਨੂੰ ਤਾਂ (ਇਹ ਪਰਖਣ ਦੀ) ਸਮਝ ਹੀ ਨਹੀਂ ਹੈ;
40597	947	ਜਿਸੁ ਵੇਖਾਲੇ ਸੋ ਵੇਖੈ ਜਿਸੁ ਵਸਿਆ ਮਨ ਮਾਹਿ॥੧॥		Jis Vaekhaalae So Vaekhai Jis Vasiaa Man Maahi ||1||	He alone sees, whom the Lord causes to see; the Lord comes to dwell in his mind. ||1||	(ਇਹ ਗੱਲ) ਉਹੀ ਮਨੁੱਖ ਵੇਖ ਸਕਦਾ ਹੈ ਜਿਸ ਨੂੰ ਪ੍ਰਭੂ ਆਪ ਵੇਖਣ ਦੀ ਜਾਚ ਸਿਖਾਏ, ਜਿਸ ਦੇ ਮਨ ਵਿਚ ਪ੍ਰਭੂ ਆਪ ਆ ਵੱਸੇ ॥੧॥
40598	947	ਮਃ ੩॥		Ma 3 ||	Third Mehl:	
40599	947	ਮਨਮੁਖੁ ਦੁਖ ਕਾ ਖੇਤੁ ਹੈ ਦੁਖੁ ਬੀਜੇ ਦੁਖੁ ਖਾਇ॥		Manamukh Dhukh Kaa Khaeth Hai Dhukh Beejae Dhukh Khaae ||	The self-willed manmukh is the field of sorrow and suffering. He plains sorrow, and eats sorrow.	ਜੋ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ ਉਹ (ਸਮਝੋ) ਦੁੱਖਾਂ ਦੀ ਪੈਲੀ ਹੈ (ਜਿਸ ਵਿਚ) ਉਹ ਦੁੱਖ ਬੀਜਦਾ ਹੈ ਤੇ ਦੁੱਖ (ਹੀ ਫਲ ਵੱਢ ਕੇ) ਖਾਂਦਾ ਹੈ।

40600	947	ਦੁਖ ਵਿਚਿ ਜੰਮੈ ਦੁਖਿ ਮਰੈ ਹਉਮੈ ਕਰਤ ਵਿਹਾਇ॥		Dhukh Vich Janmai Dhukh Marai Houmai Karath Vihaae ||	In sorrow he is born, and in sorrow he dies. Acting in egotism, his life passes away.	ਮਨਮੁਖ ਦੁੱਖ ਵਿਚ ਜੰਮਦਾ ਹੈ, ਦੁੱਖ ਵਿਚ ਮਰਦਾ ਹੈ, ਉਸ ਦੀ ਸਾਰੀ ਉਮਰ "ਮੈਂ; ਮੈਂ" ਕਰਦਿਆਂ ਗੁਜ਼ਰਦੀ ਹੈ।
40601	947	ਆਵਣੁ ਜਾਣੁ ਨ ਸੁਝਈ ਅੰਧਾ ਅੰਧੁ ਕਮਾਇ॥		Aavan Jaan N Sujhee Andhhaa Andhh Kamaae ||	He does not understand the coming and going of reincarnation; the blind man acts in blindness.	ਉਸ ਨੂੰ ਇਹ ਸਮਝ ਹੀ ਨਹੀਂ ਆਉਂਦੀ ਕਿ ਮੈਂ ਜਨਮ ਮਰਨ ਦੇ ਗੇੜ ਵਿਚ ਪਿਆ ਹੋਇਆ ਹਾਂ, ਉਹ ਅੰਨ੍ਹਾ ਜਹਾਲਤ ਦਾ ਹੀ ਕੰਮ ਕਰੀ ਜਾਂਦਾ ਹੈ।
40602	947	ਜੋ ਦੇਵੈ ਤਿਸੈ ਨ ਜਾਣਈ ਦਿਤੇ ਕਉ ਲਪਟਾਇ॥		Jo Dhaevai Thisai N Jaanee Dhithae Ko Lapattaae ||	He does not know the One who gives, but he is attached to what is given.	ਮਨਮੁਖ ਉਸ ਮਾਲਕ ਨੂੰ ਨਹੀਂ ਪਛਾਣਦਾ ਜੋ (ਦਾਤਾਂ) ਦੇਂਦਾ ਹੈ, ਪਰ ਉਸ ਦੇ ਦਿੱਤੇ ਹੋਏ ਪਦਾਰਥਾਂ ਨੂੰ ਜੱਫਾ ਮਾਰਦਾ ਹੈ।
40603	947	ਨਾਨਕ ਪੂਰਬਿ ਲਿਖਿਆ ਕਮਾਵਣਾ ਅਵਰੁ ਨ ਕਰਣਾ ਜਾਇ॥੨॥		Naanak Poorab Likhiaa Kamaavanaa Avar N Karanaa Jaae ||2||	O Nanak, he acts according to his pre-ordained destiny. He cannot do anything else. ||2||	ਹੇ ਨਾਨਕ! (ਮਨਮੁਖ ਕਰੇ ਭੀ ਕੀਹ?) ਪਿਛਲੇ ਕੀਤੇ ਕਰਮਾਂ ਅਨੁਸਾਰ ਜੋ (ਸੰਸਕਾਰ ਮਨ ਉਤੇ) ਉੱਕਰਿਆ ਪਿਆ ਹੈ (ਉਸੇ ਦੇ ਅਸਰ ਹੇਠ ਮਨੁੱਖ) ਕਰਮ ਕਰੀ ਜਾਂਦਾ ਹੈ (ਉਹਨਾਂ ਸੰਸਕਾਰਾਂ ਤੋਂ ਲਾਂਭੇ) ਹੋਰ ਕੁਝ ਨਹੀਂ ਕੀਤਾ ਜਾ ਸਕਦਾ ॥੨॥
40604	947	ਮਃ ੩॥		Ma 3 ||	Third Mehl:	

40605	947	ਸਤਿਗੁਰਿ ਮਿਲਿਐ ਸਦਾ ਸੁਖੁ ਜਿਸ ਨੋ ਆਪੇ ਮੇਲੇ ਸੋਇ॥		Sathigur Miliai Sadhaa Sukh Jis No Aapae Maelae Soe ||	Meeting the True Guru, everlasting peace is obtained. He Himself leads us to meet Him.	ਜੇ ਸਤਿਗੁਰੂ ਮਿਲ ਪਏ ਤਾਂ ਸਦਾ ਲਈ ਸੁਖ ਹੋ ਜਾਂਦਾ ਹੈ (ਪਰ ਗੁਰੂ ਮਿਲਦਾ ਉਸ ਨੂੰ ਹੈ) ਜਿਸ ਨੂੰ ਉਹ ਪ੍ਰਭੂ ਆਪ ਮਿਲਾਏ।
40606	947	ਸੁਖੈ ਏਹੁ ਬਿਬੇਕੁ ਹੈ ਅੰਤਰੁ ਨਿਰਮਲੁ ਹੋਇ॥		Sukhai Eaehu Bibaek Hai Anthar Niramal Hoe ||	This is the true meaning of peace, that one becomes immaculate within oneself.	(ਫਿਰ) ਉਸ ਸੁਖ ਦੀ ਪਛਾਣ ਇਹ ਹੈ ਕਿ (ਮਨੁੱਖ ਦਾ) ਅੰਦਰਲਾ ਪਵਿਤ੍ਰ ਹੋ ਜਾਂਦਾ ਹੈ।
40607	947	ਅਗਿਆਨ ਕਾ ਭ੍ਰਮੁ ਕਟੀਐ ਗਿਆਨੁ ਪਰਾਪਤਿ ਹੋਇ॥		Agiaan Kaa Bhram Katteeai Giaan Paraapath Hoe ||	The doubt of ignorance is eradicated, and spiritual wisdom is obtained.	ਆਤਮਕ ਜੀਵਨ ਵਲੋਂ ਬੇ-ਸਮਝੀ ਦੀ ਭੁੱਲ ਦੂਰ ਹੋ ਜਾਂਦੀ ਹੈ, ਆਤਮਕ ਜੀਵਨ ਦੀ ਸੂਝ ਹਾਸਲ ਹੋ ਜਾਂਦੀ ਹੈ।
40608	947	ਨਾਨਕ ਏਕੋ ਨਦਰੀ ਆਇਆ ਜਹ ਦੇਖਾ ਤਹ ਸੋਇ॥੩॥		Naanak Eaeko Nadharee Aaeiaa Jeh Dhaekhaa Theh Soe ||3||	Nanak comes to gaze upon the One Lord alone; wherever he looks, there He is. ||3||	ਹੇ ਨਾਨਕ! (ਹਰ ਥਾਂ) ਉਹ ਪ੍ਰਭੂ ਹੀ ਦਿੱਸਦਾ ਹੈ, ਜਿੱਧਰ ਵੇਖੀਏ ਓਧਰ ਉਹੀ ਪ੍ਰਭੂ (ਦਿੱਸਦਾ ਹੈ) ॥੩॥
40609	947	ਪਉੜੀ॥		Pourree ||	Pauree:	
40610	947	ਸਚੈ ਤਖਤੁ ਰਚਾਇਆ ਬੈਸਣ ਕਉ ਜਾਂਈ॥		Sachai Thakhath Rachaaeiaa Baisan Ko Jaanee ||	The True Lord created His throne, upon which He sits.	ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੇ ਇਹ (ਜਗਤ-ਰੂਪ) ਤਖ਼ਤ ਆਪਣੇ ਬੈਠਣ ਲਈ ਥਾਂ ਬਣਾਇਆ ਹੈ।

40611	947	ਸਭੁ ਕਿਛੁ ਆਪੇ ਆਪਿ ਹੈ ਗੁਰ ਸਬਦਿ ਸੁਣਾਈ॥		Sabh Kishh Aapae Aap Hai Gur Sabadh Sunaaee ||	He Himself is everything; this is what the Word of the Guru's Shabad says.	(ਇਸ ਜਗਤ ਵਿਚ) ਹਰੇਕ ਚੀਜ਼ ਉਸ ਪ੍ਰਭੂ ਦਾ ਆਪਣਾ ਹੀ ਸਰੂਪ ਹੈ-ਇਹ ਗੱਲ ਸਤਿਗੁਰੂ ਦੇ ਸ਼ਬਦ ਨੇ ਦੱਸੀ ਹੈ।
40612	947	ਆਪੇ ਕੁਦਰਤਿ ਸਾਜੀਅਨੁ ਕਰਿ ਮਹਲ ਸਰਾਈ॥		Aapae Kudharath Saajeean Kar Mehal Saraaee ||	Through His almighty creative power, He created and fashioned the mansions and hotels.	ਇਹ ਸਾਰੀ ਕੁਦਰਤਿ ਉਸ ਨੇ ਆਪ ਹੀ ਪੈਦਾ ਕੀਤੀ ਹੈ, (ਕੁਦਰਤਿ ਦੇ ਸਾਰੇ ਰੁੱਖ ਬਿਰਖ ਆਦਿਕ, ਮਾਨੋ, ਰਹਿਣ ਲਈ ਉਸ ਨੇ) ਮਹਲ ਮਾੜੀਆਂ ਬਣਾਏ ਹਨ।
40613	947	ਚੰਦੁ ਸੂਰਜੁ ਦੁਇ ਚਾਨਣੇ ਪੂਰੀ ਬਣਤ ਬਣਾਈ॥		Chandh Sooraj Dhue Chaananae Pooree Banath Banaaee ||	He made the two lamps, the sun and the moon; He formed the perfect form.	ਇਹਨਾਂ ਮਹਲ ਮਾੜੀਆਂ (ਵਿਚ) ਚੰਦ ਤੇ ਸੂਰਜ ਦੋਵੇਂ (ਮਾਨੋ ਉਸ ਦੇ ਜਗਾਏ ਹੋਏ) ਦੀਵੇ ਹਨ। (ਪ੍ਰਭੂ ਨੇ ਕੁਦਰਤਿ ਦੀ ਸਾਰੀ) ਬਣਤਰ ਮੁਕੰਮਲ ਬਣਾਈ ਹੋਈ ਹੈ।
40614	947	ਆਪੇ ਵੇਖੈ ਸੁਣੇ ਆਪਿ ਗੁਰ ਸਬਦਿ ਧਿਆਈ॥੧॥		Aapae Vaekhai Sunae Aap Gur Sabadh Dhhiaaee ||1||	He Himself sees, and He Himself hears; meditate on the Word of the Guru's Shabad. ||1||	(ਇਸ ਵਿਚ ਬੈਠ ਕੇ) ਆਪ ਹੀ ਵੇਖ ਰਿਹਾ ਹੈ, ਆਪ ਹੀ ਸੁਣ ਰਿਹਾ ਹੈ; ਉਸ ਪ੍ਰਭੂ ਨੂੰ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਧਿਆਇਆ ਜਾ ਸਕਦਾ ਹੈ ॥੧॥

40615	947	ਵਾਹੁ ਵਾਹੁ ਸਚੇ ਪਾਤਿਸਾਹ ਤੂ ਸਚੀ ਨਾਈ॥੧॥ਰਹਾਉ॥	ਜੋਧ ਬੀਰ ਪੂਰਬਾਣੀ; ਯੇਹ ਦੋ ਗਲਾਂ ਕਰੀ ਕਰਾਰੀਆਂ। ਫੌਜ ਚੜ੍ਹਾਈ ਬਾਦਸ਼ਾਹ; ਅਕਬਰ ਨੇ ਭਾਰੀਆਂ। ਸਨਮੁਖ ਹੋਇ ਰਾਜਪੂਤ; ਸੁਤਰੀ ਰਣਕਾਰੀਆਂ। ਧੂਹ ਮਿਯਾਨੋਂ ਕੱਢੀਆਂ; ਬਿਜਲੀ ਜਿਉ ਚਮਕਾਰੀਆਂ। ਇੰਦ੍ਰ ਸਣੇ ਅਪੱਛਰਾਂ; ਦੋਹਾਂ ਨੂੰ ਕਰਨ ਜੁਹਾਰੀਆ। ਏਹੀ ਕੀਤੀ ਜੋਧ ਵੀਰ; ਪਾਤਿਸਾਹ ਗੱਲਾਂ ਸਾਰੀਆਂ। ਜੋਧੈ ਵੀਰੈ ਪੂਰਬਾਣੀ ਦੀ ਵਾਰ ਦੀਆਂ ਛੇ ਤੁਕਾਂ ਹਨ। ਰਾਮਕਲੀ ਕੀ ਵਾਰ ਦੀ ਪਹਿਲੀ ਪਉੜੀ ਦੀਆਂ ਛੇ ਤੁਕਾਂ ਹਨ। ਜੋਧੈ ਵੀਰੈ ਪੂਰਬਾਣੀ ਕੀ ਧੁਨੀ॥ ਉੱਪਰ ਇਸ ਵਾਰ ਨੂੰ ਗਾਉਣ ਦੀ ਪੂਰਨ ਗੁਰੂ ਜੀ ਦੀ ਸ਼ੁਭ	Vaahu Vaahu Sachae Paathisaah Thoo Sachee Naaee ||1|| Rehaao ||	Waaho! Waaho! Hail, hail, O True King! True is Your Name. ||1||Pause||	ਹੇ ਸਦਾ ਕਾਇਮ ਰਹਿਣ ਵਾਲੇ ਪਾਤਿਸ਼ਾਹ! ਤੂੰ ਅਸਚਰਜ ਹੈਂ, ਤੂੰ ਅਸਚਰਜ ਹੈਂ। ਤੇਰੀ ਵਡਿਆਈ ਸਦਾ ਕਾਇਮ ਰਹਿਣ ਵਾਲੀ ਹੈ ॥੧॥ ਰਹਾਉ ॥
40616	947	ਸਲੋਕੁ॥		Salok ||	Shalok:	

40617	947	ਕਬੀਰ ਮਹਿਦੀ ਕਰਿ ਕੈ ਘਾਲਿਆ ਆਪੁ ਪੀਸਾਇ ਪੀਸਾਇ॥		Kabeer Mehidhee Kar Kai Ghaaliaa Aap Peesaae Peesaae ||	Kabeer, I have ground myself into henna paste.	ਹੇ ਕਬੀਰ! ਮੈਂ ਆਪਣੇ ਆਪ ਨੂੰ ਮਹਿਦੀ ਬਣਾ ਕੇ (ਭਾਵ, ਮਹਿਦੀ ਵਾਂਗ) ਪੀਹ ਪੀਹ ਕੇ ਘਾਲ ਕਮਾਈ,
40618	947	ਤੈ ਸਹ ਬਾਤ ਨ ਪੁਛੀਆ ਕਬਹੂ ਨ ਲਾਈ ਪਾਇ॥੧॥		Thai Seh Baath N Pushheeaa Kabehoo N Laaee Paae ||1||	O my Husband Lord, You took no notice of me; You never applied me to Your feet. ||1||	(ਪਰ) ਹੇ ਪਤੀ (ਪ੍ਰਭੂ!) ਤੂੰ ਮੇਰੀ ਵਾਤ ਹੀ ਨਾਹ ਪੁੱਛੀ (ਭਾਵ, ਤੂੰ ਮੇਰੀ ਸਾਰ ਹੀ ਨਾ ਲਈ) ਤੇ ਤੂੰ ਕਦੇ ਮੈਨੂੰ ਆਪਣੀ ਪੈਰੀਂ ਨਾਹ ਲਾਇਆ ॥੧॥
40619	947	ਮਃ ੩॥	ਕਰੇ-ਇ	Ma 3 ||	Third Mehl:	
40620	947	ਨਾਨਕ ਮਹਿਦੀ ਕਰਿ ਕੈ ਰਖਿਆ ਸੋ ਸਹੁ ਨਦਰਿ ਕਰੇਇ॥		Naanak Mehidhee Kar Kai Rakhiaa So Sahu Nadhar Karaee ||	O Nanak, my Husband Lord keeps me like henna paste; He blesses me with His Glance of Grace.	ਹੇ ਨਾਨਕ! (ਅਸਾਨੂੰ) ਮਹਿਦੀ ਬਣਾਇਆ ਭੀ ਉਸ ਨੇ ਆਪ ਹੀ ਹੈ, ਜਦੋਂ ਉਹ ਖਸਮ (ਪ੍ਰਭੂ) ਮੇਹਰ ਦੀ ਨਜ਼ਰ ਕਰਦਾ ਹੈ,
40621	947	ਆਪੇ ਪੀਸੈ ਆਪੇ ਘਸੈ ਆਪੇ ਹੀ ਲਾਇ ਲਏਇ॥	ਪੀੱਸੈ। ਘਸੈ: ਪੋਲਾ ਬੋਲੋ। ਲਏ-ਇ	Aapae Peesai Aapae Ghasai Aapae Hee Laae Leaee ||	He Himself grinds me, and He Himself rubs me; He Himself applies me to His feet.	ਉਹ ਆਪ ਹੀ (ਮਹਿਦੀ ਨੂੰ) ਪੀਂਹਦਾ ਹੈ, ਆਪ ਹੀ (ਮਹਿਦੀ ਨੂੰ) ਰਗੜਦਾ ਹੈ, ਆਪ ਹੀ (ਆਪਣੀ ਪੈਰੀਂ) ਲਾ ਲੈਂਦਾ ਹੈ (ਭਾਵ, ਬੰਦਗੀ ਦੀ ਘਾਲ-ਕਮਾਈ ਵਿਚ ਬੰਦੇ ਨੂੰ ਆਪ ਹੀ ਲਾਂਦਾ ਹੈ)।

40622	947	ਇਹੁ ਪਿਰਮ ਪਿਆਲਾ ਖਸਮ ਕਾ ਜੈ ਭਾਵੈ ਤੈ ਦੇਇ॥੨॥	ਦੇ-ਇ	Eihu Piram Piaalaa Khasam Kaa Jai Bhaavai Thai Dhaee ||2||	This is the cup of love of my Lord and Master; He gives it as He chooses. ||2||	ਇਹ ਪ੍ਰੇਮ ਦਾ ਪਿਆਲਾ ਖਸਮ ਪ੍ਰਭੂ ਦੀ ਆਪਣੀ (ਵਸਤੂ) ਹੈ, ਉਸ ਮਨੁੱਖ ਨੂੰ ਦੇਂਦਾ ਹੈ ਜੋ ਉਸ ਨੂੰ ਪਿਆਰਾ ਲੱਗਦਾ ਹੈ ॥੨॥
40623	947	ਪਉੜੀ॥		Pourree ||	Pauree:	
40624	947	ਵੇਕੀ ਸ੍ਰਿਸਟਿ ਉਪਾਈਅਨੁ ਸਭ ਹੁਕਮਿ ਆਵੈ ਜਾਇ ਸਮਾਹੀ॥	ਉਪਾਈ-ਅਨੁ	Vaekee Srisatt Oupaaeean Sabh Hukam Aavai Jaae Samaahee ||	You created the world with its variety; by the Hukam of Your Command, it comes, goes, and merges again in You.	ਉਸ (ਪ੍ਰਭੂ) ਨੇ ਰੰਗਾ-ਰੰਗ ਦੀ ਸ੍ਰਿਸ਼ਟੀ ਪੈਦਾ ਕੀਤੀ ਹੈ, ਸਾਰੇ ਜੀਵ ਉਸ ਦੇ ਹੁਕਮ ਵਿਚ ਜੰਮਦੇ ਤੇ ਸਮਾ ਜਾਂਦੇ ਹਨ;
40625	947	ਆਪੇ ਵੇਖਿ ਵਿਗਸਦਾ ਦੂਜਾ ਕੋ ਨਾਹੀ॥	ਵਿਗਸਦਾ: ਪੋਲਾ ਬੋਲੋ	Aapae Vaekh Vigasadhaa Dhoojaa Ko Naahee ||	You Yourself see, and blossom forth; there is no one else at all.	ਪ੍ਰਭੂ ਹੀ (ਆਪਣੀ ਰਚਨਾ ਨੂੰ) ਵੇਖ ਕੇ ਖ਼ੁਸ਼ ਹੋ ਰਿਹਾ ਹੈ, ਉਸ ਦਾ ਕੋਈ ਸ਼ਰੀਕ ਨਹੀਂ।
40626	947	ਜਿਉ ਭਾਵੈ ਤਿਉ ਰਖੁ ਤੂ ਗੁਰ ਸਬਦਿ ਬੁਝਾਹੀ॥	ਬੁੱਝਾਹੀ	Jio Bhaavai Thio Rakh Thoo Gur Sabadh Bujhaahee ||	As it pleases You, You keep me. Through the Word of the Guru's Shabad, I understand You.	(ਹੇ ਪ੍ਰਭੂ!) ਜਿਵੇਂ ਤੈਨੂੰ ਚੰਗਾ ਲੱਗੇ ਤਿਵੇਂ (ਜੀਵਾਂ ਨੂੰ) ਰੱਖ, ਤੂੰ ਆਪ ਹੀ ਗੁਰੂ ਦੇ ਸ਼ਬਦ ਦੀ ਰਾਹੀਂ (ਜੀਵਾਂ ਨੂੰ) ਮੱਤ ਦੇਂਦਾ ਹੈਂ।
40627	947	ਸਭਨਾ ਤੇਰਾ ਜੋਰੁ ਹੈ ਜਿਉ ਭਾਵੈ ਤਿਵੈ ਚਲਾਹੀ॥		Sabhanaa Thaeraa Jor Hai Jio Bhaavai Thivai Chalaahee ||	You are the strength of all. As it pleases You, You lead us on.	ਸਭ ਜੀਵਾਂ ਨੂੰ ਤੇਰਾ ਆਸਰਾ ਹੈ, ਜਿਵੇਂ ਤੈਨੂੰ ਭਾਵੇਂ ਤਿਵੇਂ (ਜੀਵਾਂ ਨੂੰ) ਤੂੰ ਤੋਰਦਾ ਹੈਂ।

40628	947	ਤੁਧੁ ਜੇਵਡ ਮੈ ਨਾਹਿ ਕੋ ਕਿਸੁ ਆਖਿ ਸੁਣਾਈ ॥੨॥		Thudhh Jaevadd Mai Naahi Ko Kis Aakh Sunaaee ||2||	There is no other as great as You; unto whom should I speak and talk? ||2||	ਮੈਨੂੰ, (ਹੇ ਪ੍ਰਭੂ!) ਤੇਰੇ ਜੇਡਾ ਕੋਈ ਦਿੱਸਦਾ ਨਹੀਂ; ਕਿਸ ਦੀ ਬਾਬਤ ਆਖ ਕੇ ਦੱਸਾਂ (ਕਿ ਉਹ ਤੇਰੇ ਜੇਡਾ ਹੈ)? ॥੨॥
40629	947	ਸਲੋਕੁ ਮਃ ੩॥		Salok Ma 3 ||	Shalok, Third Mehl:	
40630	947	ਭਰਮਿ ਭੁਲਾਈ ਸਭੁ ਜਗੁ ਫਿਰੀ ਫਾਵੀ ਹੋਈ ਭਾਲਿ॥		Bharam Bhulaaee Sabh Jag Firee Faavee Hoee Bhaal ||	Deluded by doubt, I wandered over the whole world. Searching, I became frustrated.	ਭੁਲੇਖੇ ਵਿਚ ਭੁੱਲੀ ਹੋਈ ਮੈਂ (ਪਰਮਾਤਮਾ ਨੂੰ ਲੱਭਣ ਵਾਸਤੇ) ਸਾਰਾ ਜਗਤ ਭਵੀਂ ਤੇ ਢੂੰਢ ਢੂੰਢ ਕੇ ਖਪ ਗਈ,
40631	948	ਸੋ ਸਹੁ ਸਾਂਤਿ ਨ ਦੇਵਈ ਕਿਆ ਚਲੈ ਤਿਸੁ ਨਾਲਿ॥		So Sahu Saanth N Dhaevee Kiaa Chalai This Naal ||	My Husband Lord has not blessed me with peace and tranquility; what will work with Him?	(ਪਰ ਇਸ ਤਰ੍ਹਾਂ) ਉਹ ਖਸਮ (ਪ੍ਰਭੂ) (ਹਿਰਦੇ ਵਿਚ) ਸ਼ਾਂਤੀ ਨਹੀਂ ਦੇਂਦਾ, ਉਹ ਨਾਲ ਕੋਈ ਜ਼ੋਰ ਨਹੀਂ ਚੱਲ ਸਕਦਾ।
40632	948	ਗੁਰ ਪਰਸਾਦੀ ਹਰਿ ਧਿਆਈਐ ਅੰਤਰਿ ਰਖੀਐ ਉਰ ਧਾਰਿ॥		Gur Parasaadhee Har Dhhiaaeeai Anthar Rakheeai Our Dhhaar ||	By Guru's Grace, I meditate on the Lord; I enshrine Him deep within my heart.	(ਪਰ, ਹਾਂ) ਸਤਿਗੁਰੂ ਦੀ ਮੇਹਰ ਨਾਲ ਪ੍ਰਭੂ ਸਿਮਰਿਆ ਜਾ ਸਕਦਾ ਹੈ ਤੇ ਹਿਰਦੇ ਦੇ ਅੰਦਰ ਰੱਖਿਆ ਜਾ ਸਕਦਾ ਹੈ।

40633	948	ਨਾਨਕ ਘਰਿ ਬੈਠਿਆ ਸਹੁ ਪਾਇਆ ਜਾ ਕਿਰਪਾ ਕੀਤੀ ਕਰਤਾਰਿ॥੧॥		Naanak Ghar Baithiaa Sahu Paaeiaa Jaa Kirapaa Keethee Karathaar ||1||	O Nanak, seated in his her own home, she finds her Husband Lord, when the Creator Lord grants His Grace. ||1||	ਹੇ ਨਾਨਕ! (ਗੁਰੂ ਦੀ ਮੇਹਰ ਨਾਲ) ਮੈਂ ਘਰ ਵਿਚ ਬੈਠਿਆਂ ਖਸਮ ਲੱਭ ਲਿਆ ਜਦੋਂ ਕਰਤਾਰ ਨੇ (ਮੇਰੇ ਉਤੇ) ਕਿਰਪਾ ਕੀਤੀ (ਤੇ ਗੁਰੂ ਮਿਲਾਇਆ) ॥੧॥
40634	948	ਮਃ ੩॥		Ma 3 ||	Third Mehl:	
40635	948	ਧੰਧਾ ਧਾਵਤ ਦਿਨੁ ਗਇਆ ਰੈਣਿ ਗਵਾਈ ਸੋਇ॥		Dhhandhhaa Dhhaavath Dhin Gaeiaa Rain Gavaaee Soe ||	Chasing after worldly affairs, the day is wasted, and the night passes in sleep.	ਜੋ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ ਉਸ ਦਾ (ਸਾਰਾ) ਦਿਨ (ਦੁਨੀਆ ਦੇ) ਧੰਧਿਆਂ ਵਿਚ ਭਟਕਦਿਆਂ ਬੀਤ ਜਾਂਦਾ ਹੈ, ਤੇ ਰਾਤ ਨੂੰ ਉਹ ਸੌਂ ਕੇ ਗੰਵਾ ਲੈਂਦਾ ਹੈ,
40636	948	ਕੂੜੁ ਬੋਲਿ ਬਿਖੁ ਖਾਇਆ ਮਨਮੁਖਿ ਚਲਿਆ ਰੋਇ॥	ਬਿਖੁ: ਪੋਲਾ ਬੋਲੋ	Koorr Bol Bikh Khaaeiaa Manamukh Chaliaa Roe ||	Speaking lies, one eats poison; the self-willed manmukh departs, crying out in pain.	(ਇਹਨਾਂ ਧੰਧਿਆਂ ਵਿਚ ਪਿਆ ਹੋਇਆ) ਝੂਠ ਬੋਲ ਕੇ ਜ਼ਹਿਰ ਖਾਂਦਾ ਹੈ (ਭਾਵ, ਦੁਨੀਆ ਦੇ ਪਦਾਰਥ ਮਾਣਦਾ ਹੈ) ਤੇ (ਅੰਤ ਨੂੰ ਏਥੋਂ) ਰੋ ਕੇ ਤੁਰ ਪੈਂਦਾ ਹੈ।
40637	948	ਸਿਰੈ ਉਪਰਿ ਜਮ ਡੰਡੁ ਹੈ ਦੂਜੈ ਭਾਇ ਪਤਿ ਖੋਇ॥		Sirai Oupar Jam Ddandd Hai Dhoojai Bhaae Path Khoe ||	The Mesenger of Death holds his club over the mortal's head; in the love of duality, he loses his honor.	ਉਸ ਦੇ ਸਿਰ ਉਤੇ ਮੌਤ ਦਾ ਡੰਡਾ (ਤਿਆਰ ਰਹਿੰਦਾ) ਹੈ, (ਭਾਵ, ਹਰ ਵੇਲੇ ਮੌਤ ਤੋਂ ਡਰਦਾ ਹੈ), (ਪ੍ਰਭੂ ਨੂੰ ਵਿਸਾਰ ਕੇ) ਹੋਰ ਵਿਚ ਪਿਆਰ ਦੇ ਕਾਰਣ (ਆਪਣੀ) ਇੱਜ਼ਤ ਗੰਵਾ ਲੈਂਦਾ ਹੈ।

40638	948	ਹਰਿ ਨਾਮੁ ਕਦੇ ਨ ਚੇਤਿਓ ਫਿਰਿ ਆਵਣ ਜਾਣਾ ਹੋਇ॥		Har Naam Kadhae N Chaethiou Fir Aavan Jaanaa Hoe ||	He never even thinks of the Name of the Lord; over and over again, he comes and goes in reincarnation.	ਉਸ ਨੇ ਪਰਮਾਤਮਾ ਦਾ ਨਾਮ ਤਾਂ ਕਦੇ ਯਾਦ ਨਹੀਂ ਕੀਤਾ ਹੁੰਦਾ (ਇਸ ਲਈ) ਮੁੜ ਮੁੜ ਜਨਮ ਮਰਨ ਦਾ ਗੇੜ (ਉਸ ਨੂੰ ਨਸੀਬ) ਹੁੰਦਾ ਹੈ।
40639	948	ਗੁਰ ਪਰਸਾਦੀ ਹਰਿ ਮਨਿ ਵਸੈ ਜਮ ਡੰਡੁ ਨ ਲਾਗੈ ਕੋਇ॥		Gur Parasaadhee Har Man Vasai Jam Ddandd N Laagai Koe ||	But if, by Guru's Grace, the Lord's Name comes to dwell in his mind, then the Messenger of Death will not strike him down with his club.	(ਪਰ ਜਿਸ ਮਨੁੱਖ ਦੇ) ਮਨ ਵਿਚ ਸਤਿਗੁਰੂ ਦੀ ਮੇਹਰ ਨਾਲ ਪਰਮਾਤਮਾ ਵੱਸਦਾ ਹੈ ਉਸ ਨੂੰ ਕੋਈ ਮੌਤ ਦਾ ਡੰਡਾ ਨਹੀਂ ਲੱਗਦਾ (ਭਾਵ, ਉਸ ਨੂੰ ਮੌਤ ਡਰਾ ਨਹੀਂ ਸਕਦੀ)।
40640	948	ਨਾਨਕ ਸਹਜੇ ਮਿਲਿ ਰਹੈ ਕਰਮਿ ਪਰਾਪਤਿ ਹੋਇ॥੨॥		Naanak Sehajae Mil Rehai Karam Paraapath Hoe ||2||	Then, O Nanak, he merges intuitively into the Lord, receiving His Grace. ||2||	ਹੇ ਨਾਨਕ! ਉਹ ਅਡੋਲ ਅਵਸਥਾ ਵਿਚ ਟਿਕਿਆ ਰਹਿੰਦਾ ਹੈ (ਇਹ ਅਵਸਥਾ ਉਸ ਨੂੰ) ਪਰਮਾਤਮਾ ਦੀ ਕਿਰਪਾ ਨਾਲ ਮਿਲ ਜਾਂਦੀ ਹੈ ॥੨॥
40641	948	ਪਉੜੀ॥	ਮੱਤੀ	Pourree ||	Pauree:	
40642	948	ਇਕਿ ਆਪਣੀ ਸਿਫਤੀ ਲਾਇਅਨੁ ਦੇ ਸਤਿਗੁਰ ਮਤੀ॥		Eik Aapanee Sifathee Laaeian Dhae Sathigur Mathee ||	Some are linked to His Praises, when the Lord blesses them with the Guru's Teachings.	(ਇਸ "ਵੇਕੀ ਸ੍ਰਿਸਟਿ" ਵਿਚ, ਪ੍ਰਭੂ ਨੇ) ਕਈ ਜੀਵਾਂ ਨੂੰ ਸਤਿਗੁਰੂ ਦੀ ਮੱਤ ਦੇ ਕੇ ਆਪਣੀ ਸਿਫ਼ਤ-ਸਾਲਾਹ ਵਿਚ ਲਾਇਆ ਹੋਇਆ ਹੈ,

40643	948	ਇਕਨਾ ਨੋ ਨਾਉ ਬਖਸਿਓਨੁ ਅਸਥਿਰੁ ਹਰਿ ਸਤੀ॥	ਸੱਤੀ	Eikanaa No Naao Bakhasioun Asathhir Har Sathee ||	Some are blessed with the Name of the eternal, unchanging True Lord.	ਕਈ ਜੀਵਾਂ ਨੂੰ ਸਦਾ ਕਾਇਮ ਰਹਿਣ ਵਾਲੇ ਹਰੀ ਨੇ ਆਪਣਾ ਸਦਾ-ਥਿਰ ਰਹਿਣ ਵਾਲਾ 'ਨਾਮ' ਬਖ਼ਸ਼ਿਆ ਹੋਇਆ ਹੈ।
40644	948	ਪਉਣੁ ਪਾਣੀ ਬੈਸੰਤਰੋ ਹੁਕਮਿ ਕਰਹਿ ਭਗਤੀ॥		Poun Paanee Baisantharo Hukam Karehi Bhagathee ||	Water, air and fire, by His Will, worship Him.	ਹਵਾ, ਪਾਣੀ, ਅੱਗ (ਆਦਿਕ ਤੱਤ ਭੀ) ਉਸ ਦੇ ਹੁਕਮ ਵਿਚ ਤੁਰ ਕੇ ਉਸ ਦੀ ਭਗਤੀ ਕਰ ਰਹੇ ਹਨ,
40645	948	ਏਨਾ ਨੋ ਭਉ ਅਗਲਾ ਪੂਰੀ ਬਣਤ ਬਣਤੀ॥	ਬਣੱਤੀ	Eaenaa No Bho Agalaa Pooree Banath Banathee ||	They are held in the Fear of God; He has formed the perfect form.	ਇਹਨਾਂ (ਤੱਤਾਂ) ਨੂੰ ਉਸ ਮਾਲਕ ਦਾ ਬੜਾ ਡਰ ਰਹਿੰਦਾ ਹੈ, (ਸੋ, ਜਗਤ ਦੀ ਕਿਆ ਅਸਚਰਜ) ਮੁਕੰਮਲ ਬਣਤਰ ਬਣੀ ਹੋਈ ਹੈ।
40646	948	ਸਭੁ ਇਕੋ ਹੁਕਮੁ ਵਰਤਦਾ ਮੰਨਿਐ ਸੁਖੁ ਪਾਈ॥੩॥		Sabh Eiko Hukam Varathadhaa Manniai Sukh Paaee ||3||	The Hukam, the Command of the One Lord is all-pervasive; accepting it, peace is found. ||3||	ਹਰ ਥਾਂ ਪ੍ਰਭੂ ਦਾ ਹੀ ਹੁਕਮ ਚੱਲ ਰਿਹਾ ਹੈ। (ਪ੍ਰਭੂ ਦੇ ਹੁਕਮ ਨੂੰ) ਮੰਨਿਆਂ (ਭਾਵ, ਹੁਕਮ ਵਿਚ ਤੁਰਿਆਂ ਹੀ) ਸੁਖ ਪਾਈਦਾ ਹੈ ॥੩॥
40647	948	ਸਲੋਕੁ॥		Salok ||	Shalok:	
40648	948	ਕਬੀਰ ਕਸਉਟੀ ਰਾਮ ਕੀ ਝੂਠਾ ਟਿਕੈ ਨ ਕੋਇ॥		Kabeer Kasouttee Raam Kee Jhoothaa Ttikai N Koe ||	Kabeer, such is the touchstone of the Lord; the false cannot even touch it.	ਹੇ ਕਬੀਰ! ਪਰਮਾਤਮਾ ਦੀ ਕਸਵੱਟੀ (ਐਸਾ ਨਿਖੇੜਾ ਕਰਨ ਵਾਲੀ ਹੈ ਕਿ ਇਸ) ਉੱਤੇ ਝੂਠਾ ਮਨੁੱਖ ਪੂਰਾ ਨਹੀਂ ਉਤਰ ਸਕਦਾ।

40649	948	ਰਾਮ ਕਸਉਟੀ ਸੋ ਸਹੈ ਜੋ ਮਰਜੀਵਾ ਹੋਇ॥੧॥	ਔਗੁਣਾਂ ਵਿਕਾਰਾਂ ਕੁਸੰਗਤ ਵੱਲੋਂ ਮਰ ਕੇ. ਪੂਰਨ ਗੁਰੂ ਜੀ ਦੇ ਸਨਮੁਖ ਜਿਉਂਦਾ ਮਰਜੀਵਾ ਮਰਜੀਵੜਾ ਹੋਵੇ। ਕ-ਸਉਟੀ	Raam Kasouttee So Sehai Jo Marajeevaa Hoe ||1||	He alone passes this test of the Lord, who remains dead while yet alive. ||1||	ਪਰਮਾਤਮਾ ਦੀ ਪਰਖ ਵਿਚ ਉਹੀ ਪੂਰਾ ਉਤਰਦਾ ਹੈ ਜੋ ਦੁਨੀਆ ਵਲੋਂ ਮਰ ਕੇ ਰੱਬ ਵਲ ਜੀਊ ਪਿਆ ਹੈ ॥੧॥
40650	948	ਮਃ ੩॥		Ma 3 ||	Third Mehl:	
40651	948	ਕਿਉ ਕਰਿ ਇਹੁ ਮਨੁ ਮਾਰੀਐ ਕਿਉ ਕਰਿ ਮਿਰਤਕੁ ਹੋਇ॥		Kio Kar Eihu Man Maareeai Kio Kar Mirathak Hoe ||	How can this mind be conquered? How can it be killed?	ਕਿਵੇਂ ਇਸ ਮਨ ਨੂੰ ਮਾਰੀਏ? ਕਿਵੇਂ ਇਹ ਮਨ ਦੁਨੀਆ ਦੇ ਚਸਕਿਆਂ ਵਲੋਂ ਹਟੇ?
40652	948	ਕਹਿਆ ਸਬਦੁ ਨ ਮਾਨਈ ਹਉਮੈ ਛਡੈ ਨ ਕੋਇ॥		Kehiaa Sabadh N Maanee Houmai Shhaddai N Koe ||	If one does not accept the Word of the Shabad, egotism does not depart.	ਕੋਈ ਭੀ ਮਨੁੱਖ ਆਖਿਆਂ (ਭਾਵ, ਸਮਝਾਇਆਂ) ਨਾਹ ਗੁਰੂ ਦੇ ਸ਼ਬਦ ਨੂੰ ਮੰਨਦਾ ਹੈ ਤੇ ਨਾਹ ਹਉਮੈ ਛੱਡਦਾ ਹੈ।
40653	948	ਗੁਰ ਪਰਸਾਦੀ ਹਉਮੈ ਛੁਟੈ ਜੀਵਨ ਮੁਕਤੁ ਸੋ ਹੋਇ॥		Gur Parasaadhee Houmai Shhuttai Jeevan Mukath So Hoe ||	By Guru's Grace, egotism is eradicated, and then, one is Jivan Mukta - liberated while yet alive.	ਸਤਿਗੁਰੂ ਦੀ ਮੇਹਰ ਨਾਲ ਹਉਮੈ ਦੂਰ ਹੁੰਦੀ ਹੈ। (ਜਿਸ ਦੀ ਹਉਮੈ ਨਾਸ ਹੁੰਦੀ ਹੈ) ਉਹ ਮਨੁੱਖ ਜਗਤ ਵਿਚ ਰਹਿੰਦਾ ਹੋਇਆ ਜਗਤ ਦੇ ਚਸਕਿਆਂ ਵਲੋਂ ਹਟਿਆ ਰਹਿੰਦਾ ਹੈ।

40654	948	ਨਾਨਕ ਜਿਸ ਨੋ ਬਖਸੇ ਤਿਸੁ ਮਿਲੈ ਤਿਸੁ ਬਿਘਨੁ ਨ ਲਾਗੈ ਕੋਇ॥੨॥		Naanak Jis No Bakhasae This Milai This Bighan N Laagai Koe ||2||	O Nanak, one whom the Lord forgives is united with Him, and then no obstacles block his way. ||2||	ਹੇ ਨਾਨਕ! ਜਿਸ ਮਨੁੱਖ ਤੇ ਪ੍ਰਭੂ ਮੇਹਰ ਕਰਦਾ ਹੈ ਉਸ ਨੂੰ (ਜੀਵਨ ਮੁਕਤਿ ਦਾ ਦਰਜਾ) ਪ੍ਰਾਪਤ ਹੋ ਜਾਂਦਾ ਹੈ ਤੇ (ਉਸ ਦੇ ਜ਼ਿੰਦਗੀ ਦੇ ਸਫ਼ਰ ਵਿਚ ਮਾਇਕ ਰਸਾਂ ਦੀ) ਕੋਈ ਰੁਕਾਵਟ ਨਹੀਂ ਆਉਂਦੀ ॥੨॥
40655	948	ਮਃ ੩॥		Ma 3 ||	Third Mehl:	
40656	948	ਜੀਵਤ ਮਰਣਾ ਸਭੁ ਕੋ ਕਹੈ ਜੀਵਨ ਮੁਕਤਿ ਕਿਉ ਹੋਇ॥		Jeevath Maranaa Sabh Ko Kehai Jeevan Mukath Kio Hoe ||	Everyone can say that they are dead while yet alive; how can they be liberated while yet alive?	(ਜਗਤ ਵਿਚ) ਜਿਊਂਦਿਆਂ (ਜਗਤ ਵਲੋਂ) ਮਰਨ ਦੀਆਂ ਗੱਲਾਂ ਹਰ ਕੋਈ ਕਰਦਾ ਹੈ, ਪਰ ਇਹ 'ਜੀਵਨ-ਮੁਕਤੀ' (ਦੀ ਅਵਸਥਾ) ਪ੍ਰਾਪਤ ਕਿਵੇਂ ਹੋਵੇ?
40657	948	ਭੈ ਕਾ ਸੰਜਮੁ ਜੇ ਕਰੇ ਦਾਰੂ ਭਾਉ ਲਾਏਇ॥	ਲਾਏ-ਇ	Bhai Kaa Sanjam Jae Karae Dhaaroo Bhaao Laaeaee ||	If someone restrains himself through the Fear of God, and takes the medicine of the Love of God,	ਜੇ ਮਨੁੱਖ (ਦੁਨੀਆ ਦੇ ਚਸਕਿਆਂ ਦੀ ਵਿਹੁ ਨੂੰ ਦੂਰ ਕਰਨ ਲਈ) ਪਰਮਾਤਮਾ ਦਾ ਪਿਆਰ (-ਰੂਪ) ਦਵਾਈ ਵਰਤੇ ਤੇ ਪ੍ਰਭੂ ਦੇ ਡਰ ਦਾ ਪਰਹੇਜ਼ ਬਣਾਏ (ਭਾਵ, ਜਿਉਂ ਜਿਉਂ ਮਨੁੱਖ ਇਹ ਡਰ ਦਿਲ ਵਿਚ ਰੱਖੇਗਾ ਕਿ ਪ੍ਰਭੂ ਤਾਂ ਹਰ ਵੇਲੇ ਅੰਗ-ਸੰਗ ਹੈ ਉਸ ਤੋਂ ਕੋਈ ਲੁਕਾ ਨਹੀਂ ਹੋ ਸਕਦਾ)

40658	948	ਅਨ ਦਿਨੁ ਗੁਣ ਗਾਵੈ ਸੁਖ ਸਹਜੇ ਬਿਖੁ ਭਵਜਲੁ ਨਾਮਿ ਤਰੇਇ॥	ਤਰੇ-ਇ	Anadhin Gun Gaavai Sukh Sehajae Bikh Bhavajal Naam Tharaee ||	Night and day, he sings the Glorious Praises of the Lord. In celestial peace and poise, he crosses over the poisonous, terrifying world-ocean, through the Naam, the Name of the Lord.	ਤੇ ਹਰ ਰੋਜ਼ ਨਿੱਤ ਆਨੰਦ ਨਾਲ ਅਡੋਲਤਾ ਵਿਚ ਟਿਕ ਕੇ ਪ੍ਰਭੂ ਦੇ ਗੁਣ ਗਾਏ ਤਾਂ ਪ੍ਰਭੂ ਦੇ ਨਾਮ ਦੀ ਰਾਹੀਂ ਉਹ ਇਸ ਵਿਹੁ-ਰੂਪ ਸੰਸਾਰ-ਸਮੁੰਦਰ ਨੂੰ ਤਰ ਜਾਂਦਾ ਹੈ।
40659	948	ਨਾਨਕ ਗੁਰਮੁਖਿ ਪਾਈਐ ਜਾ ਕਉ ਨਦਰਿ ਕਰੇਇ॥੩॥	ਕਰੇ-ਇ	Naanak Guramukh Paaeeai Jaa Ko Nadhar Karaee ||3||	O Nanak, the Gurmukh finds the Lord; he is blessed with His Glance of Grace. ||3||	ਹੇ ਨਾਨਕ! ਜਿਸ ਉਤੇ ਪ੍ਰਭੂ ਮੇਹਰ ਦੀ ਨਜ਼ਰ ਕਰਦਾ ਹੈ ਉਸ ਨੂੰ ਇਹ (ਜੀਵਨ-ਮੁਕਤੀ ਦੀ ਅਵਸਥਾ) ਸਤਿਗੁਰੂ ਦੀ ਰਾਹੀਂ ਮਿਲਦੀ ਹੈ ॥੩॥
40660	948	ਪਉੜੀ॥		Pourree ||	Pauree:	
40661	948	ਦੂਜਾ ਭਾਉ ਰਚਾਇਓਨੁ ਤ੍ਰੈ ਗੁਣ ਵਰਤਾਰਾ॥		Dhoojaa Bhaao Rachaaeioun Thrai Gun Varathaaraa ||	God created the love of duality, and the three modes which pervade the universe.	(ਜੀਵਾਂ ਦਾ) ਮਾਇਆ ਨਾਲ ਪਿਆਰ ਤੇ ਮਾਇਆ ਦੇ ਤਿੰਨਾਂ ਗੁਣਾਂ ਦਾ ਵਰਤਾਰਾ (ਭਾਵ, ਪ੍ਰਭਾਵ) ਭੀ ਉਸ ਸਿਰਜਣਹਾਰ ਨੇ (ਆਪ ਹੀ) ਪੈਦਾ ਕੀਤਾ ਹੈ;

40662	948	ਬ੍ਰਹਮਾ ਬਿਸਨੁ ਮਹੇਸੁ ਉਪਾਇਅਨੁ ਹੁਕਮਿ ਕਮਾਵਨਿ ਕਾਰਾ॥		Brehamaa Bisan Mehaes Oupaaeian Hukam Kamaavan Kaaraa ||	He created Brahma, Vishnu and Shiva, who act according to His Will.	(ਤਿੰਨਾਂ ਗੁਣਾਂ ਤੋਂ ਤਿੰਨੇ ਦੇਵਤੇ) ਬ੍ਰਹਮਾ ਵਿਸ਼ਨੂ ਤੇ ਸ਼ਿਵ ਉਸ ਨੇ (ਆਪ ਹੀ) ਉਪਾਏ ਹਨ, (ਇਹ ਤ੍ਰੈਵੇ) ਉਸ ਦੇ ਹੁਕਮ ਵਿਚ ਹੀ ਕਾਰ ਕਰ ਰਹੇ ਹਨ।
40663	948	ਪੰਡਿਤ ਪੜਦੇ ਜੋਤਕੀ ਨਾ ਬੂਝਹਿ ਬੀਚਾਰਾ॥	ਬੂੱਝਹਿ	Panddith Parradhae Jothakee Naa Boojhehi Beechaaraa ||	The Pandits, the religious scholars, and the astrologers study their books, but they do not understand contemplation.	ਜੋਤਸ਼ੀ (ਆਦਿਕ) ਵਿਦਵਾਨ ਲੋਕ (ਵਿਚਾਰ ਵਾਲੀਆਂ ਪੁਸਤਕਾਂ) ਪੜ੍ਹਦੇ ਹਨ ਪਰ (ਪ੍ਰਭੂ ਦੇ ਇਸ ਕੌਤਕ ਦੀ) ਵੀਚਾਰ ਨੂੰ ਸਮਝਦੇ ਨਹੀਂ ਹਨ।
40664	948	ਸਭੁ ਕਿਛੁ ਤੇਰਾ ਖੇਲੁ ਹੈ ਸਚੁ ਸਿਰਜਣਹਾਰਾ॥		Sabh Kishh Thaeraa Khael Hai Sach Sirajanehaaraa ||	Everything is Your play, O True Creator Lord.	(ਹੇ ਪ੍ਰਭੂ!) (ਇਹ ਜਗਤ-ਰਚਨਾ) ਸਾਰਾ ਹੀ ਤੇਰਾ (ਇਕ) ਖੇਲ ਹੈ, ਤੂੰ (ਇਸ ਖੇਲ ਨੂੰ) ਬਣਾਣ ਵਾਲਾ ਹੈਂ ਤੇ ਸਦਾ ਕਾਇਮ ਰਹਿਣ ਵਾਲਾ ਹੈਂ।
40665	948	ਜਿਸੁ ਭਾਵੈ ਤਿਸੁ ਬਖਸਿ ਲੈਹਿ ਸਚਿ ਸਬਦਿ ਸਮਾਈ॥੪॥		Jis Bhaavai This Bakhas Laihi Sach Sabadh Samaaee ||4||	As it pleases You, You bless us with forgiveness, and merge us in the True Word of the Shabad. ||4||	ਜੋ ਤੈਨੂੰ ਭਾਉਂਦਾ ਹੈ ਉਸ ਉਤੇ ਬਖ਼ਸ਼ਸ਼ ਕਰਦਾ ਹੈਂ ਤੇ ਉਹ ਗੁਰੂ ਦੇ ਸ਼ਬਦ ਦੀ ਰਾਹੀਂ ਤੇਰੇ ਸੱਚੇ ਸਰੂਪ ਵਿਚ ਟਿਕਿਆ ਰਹਿੰਦਾ ਹੈ ॥੪॥
40666	948	ਸਲੋਕੁ ਮਃ ੩॥		Salok Ma 3 ||	Shalok, Third Mehl:	

40667	948	ਮਨ ਕਾ ਝੂਠਾ ਝੂਠੁ ਕਮਾਵੈ॥		Man Kaa Jhoothaa Jhooth Kamaavai ||	The man of false mind practices falsehood.	(ਜੋ ਮਨੁੱਖ) ਮਨ ਦਾ ਝੂਠਾ ਹੈ (ਭਾਵ, ਮਨ ਵਿਚ ਝੂਠ ਹੈ, ਤਪ ਦੇ ਉਲਟ ਭਾਵ ਹਨ) ਤੇ ਝੂਠ ਕਮਾਂਦਾ ਹੈ (ਭਾਵ, ਬਾਹਰੋਂ ਤਪਾ ਹੈ ਪਰ ਕਮਾਈ ਤਪੇ ਵਾਲੀ ਨਹੀਂ),
40668	948	ਮਾਇਆ ਨੋ ਫਿਰੈ ਤਪਾ ਸਦਾਵੈ॥	ਤਪਾ: ਪੋਲਾ ਬੋਲੋ	Maaeiaa No Firai Thapaa Sadhaavai ||	He runs after Maya, and yet pretends to be a man of disciplined meditation.	(ਉਂਞ ਤਾਂ) ਮਾਇਆ ਦੀ ਖ਼ਾਤਰ ਫਿਰਦਾ ਹੈ (ਪਰ ਆਪਣੇ ਆਪ ਨੂੰ) ਤਪਾ ਅਖਵਾਂਦਾ ਹੈ,
40669	948	ਭਰਮੇ ਭੂਲਾ ਸਭਿ ਤੀਰਥ ਗਹੈ॥		Bharamae Bhoolaa Sabh Theerathh Gehai ||	Deluded by doubt, he visits all the sacred shrines of pilgrimage.	(ਆਪਣੇ ਆਪ ਨੂੰ ਤਪਾ ਸਮਝਣ ਦੇ) ਭੁਲੇਖੇ ਵਿਚ ਭੁੱਲਾ ਹੋਇਆ ਸਾਰੇ ਤੀਰਥ ਗਾਂਹਦਾ ਹੈ,
40670	948	ਓਹੁ ਤਪਾ ਕੈਸੇ ਪਰਮਗਤਿ ਲਹੈ॥		Ouhu Thapaa Kaisae Param Gath Lehai ||	How can such a man of disciplined meditation attain the supreme status?	ਅਜੇਹਾ ਤਪਾ ਉੱਚੀ ਆਤਮਕ ਅਵਸਥਾ ਕਿਵੇਂ ਪ੍ਰਾਪਤ ਕਰੇ?
40671	948	ਗੁਰ ਪਰਸਾਦੀ ਕੋ ਸਚੁ ਕਮਾਵੈ॥		Gur Parasaadhee Ko Sach Kamaavai ||	By Guru's Grace, one lives the Truth.	ਜੋ ਤਪਾ ਗੁਰੂ ਦੀ ਕਿਰਪਾ ਨਾਲ ਸੱਚ ਕਮਾਂਦਾ ਹੈ (ਭਾਵ, ਪ੍ਰਭੂ ਦੀ ਹੋਂਦ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਂਦਾ ਹੈ)
40672	948	ਨਾਨਕ ਸੋ ਤਪਾ ਮੋਖੰਤਰੁ ਪਾਵੈ॥੧॥		Naanak So Thapaa Mokhanthar Paavai ||1||	O Nanak, such a man of disciplined meditation attains liberation. ||1||	ਹੇ ਨਾਨਕ! ਉਹ ਅੰਦਰਲੀ ਮੁਕਤੀ ਪ੍ਰਾਪਤ ਕਰਦਾ ਹੈ ॥੧॥
40673	948	ਮਃ ੩॥		Ma 3 ||	Third Mehl:	

40674	948	ਸੋ ਤਪਾ ਜਿ ਇਹੁ ਤਪੁ ਘਾਲੇ॥		So Thapaa J Eihu Thap Ghaalae ||	He alone is a man of disciplined meditation, who practices this self-discipline.	ਉਹ ਮਨੁੱਖ (ਅਸਲ) ਤਪਾ ਹੈ ਜੋ ਇਹ ਤਪ ਕਮਾਂਦਾ ਹੈ-
40675	948	ਸਤਿਗੁਰ ਨੋ ਮਿਲੈ ਸਬਦੁ ਸਮਾਲੇ॥		Sathigur No Milai Sabadh Samaalae ||	Meeting with the True Guru, he contemplates the Word of the Shabad.	ਸਤਿਗੁਰੂ ਨੂੰ ਮਿਲਦਾ ਹੈ (ਗੁਰੂ ਦੀ ਸਰਣ ਪੈਂਦਾ ਹੈ) ਤੇ ਗੁਰੂ ਦਾ ਸ਼ਬਦ (ਹਿਰਦੇ ਵਿਚ) ਸਾਂਭ ਕੇ ਰੱਖਦਾ ਹੈ।
40676	948	ਸਤਿਗੁਰ ਕੀ ਸੇਵਾ ਇਹੁ ਤਪੁ ਪਰਵਾਣੁ॥		Sathigur Kee Saevaa Eihu Thap Paravaan ||	Serving the True Guru - this is the only acceptable disciplined meditation.	ਸਤਿਗੁਰ ਦੀ (ਦੱਸੀ ਹੋਈ) ਕਾਰ ਕਰਨੀ-ਇਹ ਤਪ (ਪ੍ਰਭੂ ਦੀਆਂ ਨਜ਼ਰਾਂ ਵਿਚ) ਕਬੂਲ ਹੈ।
40677	948	ਨਾਨਕ ਸੋ ਤਪਾ ਦਰਗਹਿ ਪਾਵੈ ਮਾਣੁ॥੨॥		Naanak So Thapaa Dharagehi Paavai Maan ||2||	O Nanak, such a man of disciplined meditation is honored in the Court of the Lord. ||2||	ਹੇ ਨਾਨਕ! ਇਹ ਤਪ ਕਰਨ ਵਾਲਾ ਤਪਾ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਪਾਂਦਾ ਹੈ ॥੨॥
40678	948	ਪਉੜੀ॥		Pourree ||	Pauree:	
40679	948	ਰਾਤਿ ਦਿਨਸੁ ਉਪਾਇਅਨੁ ਸੰਸਾਰ ਕੀ ਵਰਤਣਿ॥		Raath Dhinas Oupaaeian Sansaar Kee Varathan ||	He created the night and the day, for the activities of the world.	(ਇਸ 'ਵੇਕੀ ਸ੍ਰਿਸਟਿ' ਵਿਚ) ਸੰਸਾਰ ਦੀ ਵਰਤੋਂ ਵਿਹਾਰ ਵਾਸਤੇ ਉਸ (ਪ੍ਰਭੂ) ਨੇ ਰਾਤ ਤੇ ਦਿਨ ਪੈਦਾ ਕੀਤੇ ਹਨ;

40680	949	ਗੁਰਮਤੀ ਘਟਿ ਚਾਨਣਾ ਆਨੇਰੁ ਬਿਨਾਸਣਿ॥	ਆਨ੍ਹੇਰੁ	Guramathee Ghatt Chaananaa Aanaer Binaasan ||	Following the Guru's Teachings, one's heart is illumined, and the darkness is dispelled.	(ਜੀਵਾਂ ਦੇ ਦਿਲ ਵਿਚੋਂ) ਹਨੇਰਾ (ਜੋ ਉਸ ਨੇ ਆਪ ਹੀ ਬਣਾਇਆ ਹੈ) ਦੂਰ ਕਰਨ ਲਈ ਸਤਿਗੁਰੂ ਦੀ ਮੱਤ ਦੀ ਰਾਹੀਂ (ਮਨੁੱਖ ਦੇ) ਹਿਰਦੇ ਵਿਚ ਚਾਨਣ (ਭੀ ਉਹ ਆਪ ਹੀ ਪੈਦਾ ਕਰਨ ਵਾਲਾ ਹੈ)।
40681	949	ਹੁਕਮੇ ਹੀ ਸਭ ਸਾਜੀਅਨੁ ਰਵਿਆ ਸਭ ਵਣਿ ਤ੍ਰਿਣਿ॥		Hukamae Hee Sabh Saajeean Raviaa Sabh Van Thrin ||	By the Hukam of His Command, He creates everything; He pervades and permeates all the woods and meadows.	ਸਾਰੀ ਸ੍ਰਿਸ਼ਟੀ ਉਸ ਨੇ ਆਪਣੇ ਹੁਕਮ ਵਿਚ ਹੀ ਰਚੀ ਹੈ ਤੇ ਉਹ ਹਰੇਕ ਵਣ ਵਿਚ ਤੀਲੇ ਤੀਲੇ ਵਿਚ ਆਪ ਮੌਜੂਦ ਹੈ,
40682	949	ਸਭੁ ਕਿਛੁ ਆਪੇ ਆਪਿ ਹੈ ਗੁਰਮੁਖਿ ਸਦਾ ਹਰਿ ਭਣਿ॥		Sabh Kishh Aapae Aap Hai Guramukh Sadhaa Har Bhan ||	He Himself is everything; the Gurmukh constantly chants the Lord's Name.	(ਜੋ ਕੁਝ ਬਣਿਆ ਪਿਆ ਹੈ ਉਹ) ਸਭ ਕੁਝ ਪ੍ਰਭੂ ਆਪ ਹੀ ਆਪ ਹੈ, ਗੁਰੂ ਦੇ ਹੁਕਮ ਵਿਚ ਤੁਰ ਕੇ ਸਦਾ ਉਸ ਪ੍ਰਭੂ ਨੂੰ ਸਿਮਰਿਆ ਜਾ ਸਕਦਾ ਹੈ।
40683	949	ਸਬਦੇ ਹੀ ਸੋਝੀ ਪਈ ਸਚੈ ਆਪਿ ਬੁਝਾਈ॥੫॥	ਬੁੱਝਾਈ	Sabadhae Hee Sojhee Pee Sachai Aap Bujhaaee ||5||	Through the Shabad, understanding comes; the True Lord Himself inspires us to understand. ||5||	ਗੁਰੂ ਦੇ ਸ਼ਬਦ ਦੀ ਰਾਹੀਂ ਹੀ (ਜੀਵ ਨੂੰ) ਸੂਝ ਪੈਂਦੀ ਹੈ, ਪ੍ਰਭੂ ਆਪ ਸੂਝ ਦੇਂਦਾ ਹੈ ॥੫॥
40684	949	ਸਲੋਕ ਮਃ ੩॥		Salok Ma 3 ||	Shalok, Third Mehl:	

40685	949	ਅਭਿਆਗਤ ਏਹਿ ਨ ਆਖੀਅਨਿ ਜਿਨ ਕੇ ਚਿਤ ਮਹਿ ਭਰਮੁ॥	ਅਭਿਆ-ਗਤ: ਗੁਰਸੇਵਕ ਵਿਰਕਤ ਸੰਤ	Abhiaagath Eaehi N Aakheean Jin Kae Chith Mehi Bharam ||	He is not called a renunciate, whose consciousness is filled with doubt.	ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਭਟਕਣਾ ਹੋਵੇ (ਭਾਵ, ਜੋ ਦਰ ਦਰ ਤੇ ਭਟਕ ਕੇ ਰੋਟੀਆਂ ਆਟਾ ਮੰਗਦੇ ਫਿਰਨ) ਉਹਨਾਂ ਨੂੰ 'ਅਭਿਆਗਤ' ਨਹੀਂ ਆਖੀਦਾ;
40686	949	ਤਿਸ ਦੈ ਦਿਤੈ ਨਾਨਕਾ ਤੇਹੋ ਜੇਹਾ ਧਰਮੁ॥		This Dhai Dhithai Naanakaa Thaeho Jaehaa Dhharam ||	Donations to him bring proportionate rewards.	ਹੇ ਨਾਨਕ! ਅਜੇਹੇ ਬੰਦੇ ਨੂੰ ਦੇਣ ਨਾਲ ਪੁੰਨ ਭੀ ਇਹੋ ਜਿਹਾ ਹੀ ਹੁੰਦਾ ਹੈ (ਭਾਵ, ਕੋਈ ਪੁੰਨ-ਕਰਮ ਨਹੀਂ)।
40687	949	ਅਭੈ ਨਿਰੰਜਨੁ ਪਰਮਪਦੁ ਤਾ ਕਾ ਭੂਖਾ ਹੋਇ॥		Abhai Niranjan Param Padh Thaa Kaa Bhookhaa Hoe ||	He hungers for the supreme status of the Fearless, Immaculate Lord;	ਸਭ ਤੋਂ ਉੱਚਾ ਦਰਜਾ ਹੈ ਨਿਰਭਉ ਤੇ ਮਾਇਆ-ਰਹਿਤ ਪ੍ਰਭੂ ਨੂੰ ਮਿਲਣਾ। ਜੋ ਮਨੁੱਖ ਇਸ 'ਪਰਮ ਪਦ' ਦਾ ਅਭਿਲਾਖੀ ਹੈ,
40688	949	ਤਿਸ ਕਾ ਭੋਜਨੁ ਨਾਨਕਾ ਵਿਰਲਾ ਪਾਏ ਕੋਇ॥੧॥		This Kaa Bhojan Naanakaa Viralaa Paaeae Koe ||1||	O Nanak, how rare are those who offer him this food. ||1||	ਹੇ ਨਾਨਕ! ਉਸ ਦੀ ਲੋੜੀਂਦੀ ਖ਼ੁਰਾਕ ਕੋਈ ਵਿਰਲਾ ਬੰਦਾ ਦੇਂਦਾ ਹੈ ॥੧॥
40689	949	ਮਃ ੩॥		Ma 3 ||	Third Mehl:	
40690	949	ਅਭਿਆਗਤ ਏਹਿ ਨ ਆਖੀਅਨਿ ਜਿ ਪਰ ਘਰਿ ਭੋਜਨੁ ਕਰੇਨਿ॥		Abhiaagath Eaehi N Aakheean J Par Ghar Bhojan Karaen ||	They are not called renunciates, who take food in the homes of others.	ਉਹਨਾਂ ਨੂੰ 'ਅਭਿਆਗਤ' (ਸਾਧੂ) ਨਹੀਂ ਆਖੀਦਾ ਜੋ ਮਨੁੱਖ ਪਰਾਏ ਘਰ ਵਿਚ ਰੋਟੀ ਖਾਂਦੇ ਹਨ,

40691	949	ਉਦਰੈ ਕਾਰਣਿ ਆਪਣੇ ਬਹਲੇ ਭੇਖਿ ਕਰੇਨਿ॥		Oudharai Kaaran Aapanae Behalae Bhaekh Karaen ||	For the sake of their bellies, they wear various religious robes.	ਤੇ ਆਪਣਾ ਪੇਟ ਭਰਨ ਦੀ ਖ਼ਾਤਰ ਕਈ ਭੇਖ ਕਰਦੇ ਹਨ।
40692	949	ਅਭਿਆਗਤ ਸੇਈ ਨਾਨਕਾ ਜਿ ਆਤਮ ਗਉਣੁ ਕਰੇਨਿ॥		Abhiaagath Saeee Naanakaa J Aatham Goun Karaen ||	They alone are renunciates, O Nanak, who enter into their own souls.	ਹੇ ਨਾਨਕ! 'ਅਭਿਆਗਤ' ਉਹੀ ਹਨ ਜੋ ਆਤਮਕ ਮੰਡਲ ਦੀ ਸੈਰ ਕਰਦੇ ਹਨ,
40693	949	ਭਾਲਿ ਲਹਨਿ ਸਹੁ ਆਪਣਾ ਨਿਜ ਘਰਿ ਰਹਣੁ ਕਰੇਨਿ॥੨॥		Bhaal Lehan Sahu Aapanaa Nij Ghar Rehan Karaen ||2||	They seek and find their Husband Lord; they dwell within the home of their own inner self. ||2||	ਆਪਣੇ ਅਸਲ ਘਰ (ਪ੍ਰਭੂ) ਵਿਚ ਨਿਵਾਸ ਰੱਖਦੇ ਹਨ ਤੇ ਆਪਣੇ ਖਸਮ-ਪ੍ਰਭੂ ਨੂੰ ਲੱਭ ਲੈਂਦੇ ਹਨ ॥੨॥
40694	949	ਪਉੜੀ॥		Pourree ||	Pauree:	
40695	949	ਅੰਬਰੁ ਧਰਤਿ ਵਿਛੋੜਿਅਨੁ ਵਿਚਿ ਸਚਾ ਅਸਰਾਉ॥	ਪੂਰਨ ਗੁਰੂ ਜੀ ਨੇ ਅਪਣੇ ਪ੍ਰੇਮੀ ਗੁਰਮੁਖਿ ਸੇਵਕ ਜੀ, ਅਕਾਸ ਸੁਰਗ ਬ੍ਰਹਮਲੋਕ, ਧਰਤੀ ਦੇ ਭੋਗਾਂ ਤੋਂ ਵਿਛੋੜ ਦਿਤੇ, ਪ੍ਰੇਮੀ ਸੇਵਕ ਜੀ ਵਿੱਚ ਸੱਚੇ ਦਾ (ਅਸਰਾਉ) ਆਸਰਾ ਹੈ	Anbar Dhharath Vishhorrian Vich Sachaa Asaraao ||	They sky and the earth are separate, but the True Lord supports them from within.	(ਇਸ "ਵੇਕੀ ਸ੍ਰਿਸਟਿ" ਵਿਚ) ਆਕਾਸ਼ ਤੇ ਧਰਤੀ ਉਸ ਪ੍ਰਭੂ ਨੇ ਆਪ ਹੀ ਵੱਖ ਵੱਖ ਕੀਤੇ ਹਨ, ਤੇ ਇਹਨਾਂ ਦੇ ਅੰਦਰ ਉਹ ਸਦਾ-ਥਿਰ ਪ੍ਰਭੂ ਆਪਣਾ ਹੁਕਮ ਚਲਾ ਰਿਹਾ ਹੈ;

40696	949	ਘਰੁ ਦਰੁ ਸਭੋ ਸਚੁ ਹੈ ਜਿਸੁ ਵਿਚਿ ਸਚਾ ਨਾਉ॥		Ghar Dhar Sabho Sach Hai Jis Vich Sachaa Naao ||	True are all those homes and gates, within which the True Name is enshrined.	(ਇਸ ਸ੍ਰਿਸ਼ਟੀ ਵਿਚ) ਹਰੇਕ ਘਰ ਹਰੇਕ ਦਰ ਸਦਾ-ਥਿਰ ਪ੍ਰਭੂ (ਦਾ ਟਿਕਾਣਾ) ਹੈ ਕਿਉਂਕਿ ਇਸ ਵਿਚ (ਹਰ ਥਾਂ) ਸੱਚਾ 'ਨਾਮ' ਮੌਜੂਦ ਹੈ।
40697	949	ਸਭੁ ਸਚਾ ਹੁਕਮੁ ਵਰਤਦਾ ਗੁਰਮੁਖਿ ਸਚਿ ਸਮਾਉ॥		Sabh Sachaa Hukam Varathadhaa Guramukh Sach Samaao ||	The Hukam of the True Lord's Command is effective everywhere. The Gurmukh merges in the True Lord.	ਹਰ ਥਾਂ (ਪ੍ਰਭੂ ਦਾ) ਸਦਾ ਕਾਇਮ ਰਹਿਣ ਵਾਲਾ ਹੁਕਮ ਚੱਲ ਰਿਹਾ ਹੈ, ਗੁਰੂ ਦੇ ਹੁਕਮ ਵਿਚ ਤੁਰ ਕੇ ਉਸ ਸਦਾ-ਥਿਰ ਪ੍ਰਭੂ ਵਿਚ ਲੀਨਤਾ ਹੁੰਦੀ ਹੈ।
40698	949	ਸਚਾ ਆਪਿ ਤਖਤੁ ਸਚਾ ਬਹਿ ਸਚਾ ਕਰੇ ਨਿਆਉ॥		Sachaa Aap Thakhath Sachaa Behi Sachaa Karae Niaao ||	He Himself is True, and True is His throne. Seated upon it, He administers true justice.	ਪ੍ਰਭੂ ਆਪ ਸਦਾ ਇਕ-ਰਸ ਰਹਿਣ ਵਾਲਾ ਹੈ, (ਜਗਤ-ਰੂਪ ਉਸ ਦਾ) ਤਖ਼ਤ (ਭੀ) (ਉਸੇ ਦਾ ਸਰੂਪ) ਸੱਚਾ ਹੈ, (ਇਸ ਤਖ਼ਤ ਉਤੇ) ਬੈਠ ਕੇ ਉਹ ਅਟੱਲ ਨਿਆਂ ਕਰ ਰਿਹਾ ਹੈ।
40699	949	ਸਭੁ ਸਚੋ ਸਚੁ ਵਰਤਦਾ ਗੁਰਮੁਖਿ ਅਲਖੁ ਲਖਾਈ॥੬॥	ਅ-ਲਖੁ	Sabh Sacho Sach Varathadhaa Guramukh Alakh Lakhaaee ||6||	The Truest of the True is all-pervading everywhere; the Gurmukh sees the unseen. ||6||	ਹਰ ਥਾਂ ਨਿਰੋਲ ਉਹੀ ਸੱਚਾ ਪ੍ਰਭੂ ਮੌਜੂਦ ਹੈ, (ਪਰ) ਉਹ ਅਲੱਖ ਪ੍ਰਭੂ ਲਖਿਆ ਤਾਂ ਹੀ ਜਾ ਸਕਦਾ ਹੈ ਜੇ ਸਤਿਗੁਰੂ ਦੇ ਸਨਮੁਖ ਹੋਵੀਏ (ਘਰ ਘਾਟ ਨੂੰ ਤਿਆਗ ਕੇ ਨਹੀਂ) ॥੬॥
40700	949	ਸਲੋਕੁ ਮਃ ੩॥		Salok Ma 3 ||	Shalok, Third Mehl:	

40701	949	ਰੈਣਾਇਰ ਮਾਹਿ ਅਨੰਤੁ ਹੈ ਕੂੜੀ ਆਵੈ ਜਾਇ॥	(ਰੈ-ਣਾ-ਇਰ) ਪ੍ਰਮੇਸ਼ਰ	Rainaaeir Maahi Ananth Hai Koorree Aavai Jaae ||	In the world-ocean, the Infinite Lord abides. The false come and go in reincarnation.	(ਇਸ ਸੰਸਾਰ-) ਸਮੁੰਦਰ ਵਿਚ ਬੇਅੰਤ ਪ੍ਰਭੂ ਆਪ ਵੱਸ ਰਿਹਾ ਹੈ, ਪਰ (ਉਸ 'ਅਨੰਤ' ਨੂੰ ਛੱਡ ਕੇ) ਨਾਸਵੰਤ ਪਦਾਰਥਾਂ ਵਿਚ ਲੱਗੀ ਹੋਈ ਜਿੰਦ ਜੰਮਦੀ ਮਰਦੀ ਰਹਿੰਦੀ ਹੈ।
40702	949	ਭਾਣੈ ਚਲੈ ਆਪਣੈ ਬਹੁਤੀ ਲਹੈ ਸਜਾਇ॥		Bhaanai Chalai Aapanai Bahuthee Lehai Sajaae ||	One who walks according to his own will, suffers terrible punishment.	ਜੋ ਮਨੁੱਖ ਆਪਣੀ ਮਰਜ਼ੀ ਅਨੁਸਾਰ ਤੁਰਦਾ ਹੈ ਉਸ ਨੂੰ ਬਹੁਤ ਦੁੱਖ ਪ੍ਰਾਪਤ ਹੁੰਦਾ ਹੈ (ਕਿਉਂਕਿ ਉਹ "ਅਨੰਤ" ਨੂੰ ਛੱਡ ਕੇ ਨਾਸਵੰਤ ਪਦਾਰਥਾਂ ਪਿੱਛੇ ਦੌੜਦਾ ਹੈ);
40703	949	ਰੈਣਾਇਰ ਮਹਿ ਸਭੁ ਕਿਛੁ ਹੈ ਕਰਮੀ ਪਲੈ ਪਾਇ॥		Rainaaeir Mehi Sabh Kishh Hai Karamee Palai Paae ||	All things are in the world-ocean, but they are obtained only by the karma of good actions.	ਸਭ ਕੁਝ ਇਸ ਸਾਗਰ ਵਿਚ ਮੌਜੂਦ ਹੈ, ਪਰ ਪ੍ਰਭੂ ਦੀ ਮਿਹਰ ਨਾਲ ਮਿਲਦਾ ਹੈ।
40704	949	ਨਾਨਕ ਨਉ ਨਿਧਿ ਪਾਈਐ ਜੇ ਚਲੈ ਤਿਸੈ ਰਜਾਇ॥੧॥		Naanak No Nidhh Paaeeai Jae Chalai Thisai Rajaae ||1||	O Nanak, he alone obtains the nine treasures, who walks in the Will of the Lord. ||1||	ਹੇ ਨਾਨਕ! ਮਨੁੱਖ ਨੂੰ ਸਾਰੇ ਹੀ ਨੌ ਖ਼ਜ਼ਾਨੇ ਮਿਲ ਜਾਂਦੇ ਹਨ ਜੇ ਮਨੁੱਖ (ਇਸ ਸਾਗਰ ਵਿਚ ਵਿਆਪਕ ਪ੍ਰਭੂ ਦੀ) ਰਜ਼ਾ ਵਿਚ ਤੁਰੇ ॥੧॥
40705	949	ਮਃ ੩॥		Ma 3 ||	Third Mehl:	

40706	949	ਸਹਜੇ ਸਤਿਗੁਰੁ ਨ ਸੇਵਿਓ ਵਿਚਿ ਹਉਮੈ ਜਨਮਿ ਬਿਨਾਸੁ॥		Sehajae Sathigur N Saeviou Vich Houmai Janam Binaas ||	One who intuitively serves the True Guru, loses his life in egotism.	ਜੋ ਮਨੁੱਖ ਸਿਦਕ ਸਰਧਾ ਨਾਲ ਸਤਿਗੁਰ ਦੇ ਹੁਕਮ ਵਿਚ ਨਹੀਂ ਤੁਰਿਆ, ਉਹ ਹਉਮੈ ਵਿਚ (ਰਹਿ ਕੇ) (ਜਗਤ ਵਿਚ) ਜਨਮ ਲੈ ਕੇ (ਜੀਵਨ) ਅਜਾਂਈ ਗਵਾ ਗਿਆ;
40707	949	ਰਸਨਾ ਹਰਿ ਰਸੁ ਨ ਚਖਿਓ ਕਮਲੁ ਨ ਹੋਇਓ ਪਰਗਾਸੁ॥	ਚੱਖਿਓ	Rasanaa Har Ras N Chakhiou Kamal N Hoeiou Paragaas ||	His tongue does not taste the sublime essence of the Lord, and his heart-lotus does not blossom forth.	ਜਿਸ ਨੇ ਜੀਭ ਨਾਲ ਪ੍ਰਭੂ ਦੇ ਨਾਮ ਦਾ ਆਨੰਦ ਨਹੀਂ ਲਿਆ ਉਸ ਦਾ ਹਿਰਦਾ-ਰੂਪ ਕਉਲ ਫੁੱਲ ਨਹੀਂ ਖਿੜਿਆ।
40708	949	ਬਿਖੁ ਖਾਧੀ ਮਨਮੁਖੁ ਮੁਆ ਮਾਇਆ ਮੋਹਿ ਵਿਣਾਸੁ॥	ਬਿਖੁ: ਪੋਲਾ ਬੋਲੋ	Bikh Khaadhhee Manamukh Muaa Maaeiaa Mohi Vinaas ||	The self-willed manmukh eats poison and dies; he is ruined by love and attachment to Maya.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਵਿਕਾਰਾਂ ਦੀ) ਵਿਹੁ ਖਾਂਦਾ ਰਿਹਾ, (ਅਸਲ ਜੀਵਨ ਵੱਲੋਂ) ਮੋਇਆ ਹੀ ਰਿਹਾ ਤੇ ਮਾਇਆ ਦੇ ਮੋਹ ਵਿਚ ਉਸ ਦੀ ਜ਼ਿੰਦਗੀ ਤਬਾਹ ਹੋ ਗਈ।
40709	949	ਇਕਸੁ ਹਰਿ ਕੇ ਨਾਮ ਵਿਣੁ ਧ੍ਰਿਗੁ ਜੀਵਣੁ ਧ੍ਰਿਗੁ ਵਾਸੁ॥		Eikas Har Kae Naam Vin Dhhrig Jeevan Dhhrig Vaas ||	Without the Name of the One Lord, his life is cursed, and his home is cursed as well.	ਇਕ ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ (ਜਗਤ ਵਿਚ) ਜੀਊਣਾ ਵੱਸਣਾ ਫਿਟਕਾਰ-ਜੋਗ ਹੈ।

40710	949	ਜਾ ਆਪੇ ਨਦਰਿ ਕਰੇ ਪ੍ਰਭੁ ਸਚਾ ਤਾ ਹੋਵੈ ਦਾਸਨਿ ਦਾਸੁ॥		Jaa Aapae Nadhar Karae Prabh Sachaa Thaa Hovai Dhaasan Dhaas ||	When God Himself bestows His Glance of Grace, then one becomes the slave of His slaves.	ਜਦੋਂ ਸੱਚਾ ਪ੍ਰਭੂ ਆਪ ਹੀ ਮੇਹਰ ਦੀ ਨਜ਼ਰ ਕਰਦਾ ਹੈ ਤਾਂ ਮਨੁੱਖ (ਪ੍ਰਭੂ ਦੇ) ਸੇਵਕਾਂ ਦਾ ਸੇਵਕ ਬਣ ਜਾਂਦਾ ਹੈ।
40711	949	ਤਾ ਅਨ ਦਿਨੁ ਸੇਵਾ ਕਰੇ ਸਤਿਗੁਰੂ ਕੀ ਕਬਹਿ ਨ ਛੋਡੈ ਪਾਸੁ॥		Thaa Anadhin Saevaa Karae Sathiguroo Kee Kabehi N Shhoddai Paas ||	And then, night and day, he serves the True Guru, and never leaves His side.	(ਫਿਰ) ਉਹ ਨਿੱਤ ਸਤਿਗੁਰੂ ਦੇ ਹੁਕਮ ਵਿਚ ਤੁਰਦਾ ਹੈ, ਕਦੇ ਗੁਰੂ ਦਾ ਪੱਲਾ ਨਹੀਂ ਛੱਡਦਾ।
40712	949	ਜਿਉ ਜਲ ਮਹਿ ਕਮਲੁ ਅਲਿਪਤੋ ਵਰਤੈ ਤਿਉ ਵਿਚੇ ਗਿਰਹ ਉਦਾਸੁ॥	ਅ-ਲਿਪਤੋ: ਪੋਲਾ ਬੋਲੋ	Jio Jal Mehi Kamal Alipatho Varathai Thio Vichae Gireh Oudhaas ||	As the lotus flower floats unaffected in the water, so does he remain detached in his own household.	ਉਹ ਗ੍ਰਿਹਸਤ ਵਿਚ ਰਹਿੰਦਾ ਹੋਇਆ ਭੀ ਇਉਂ ਉਪਰਾਮ ਜਿਹਾ ਰਹਿੰਦਾ ਹੈ ਜਿਵੇਂ ਪਾਣੀ ਵਿਚ (ਉੱਗਾ ਹੋਇਆ) ਕਉਲ-ਫੁੱਲ (ਪਾਣੀ ਦੇ ਅਸਰ ਤੋਂ) ਬਚਿਆ ਰਹਿੰਦਾ ਹੈ।
40713	949	ਜਨ ਨਾਨਕ ਕਰੇ ਕਰਾਇਆ ਸਭੁ ਕੋ ਜਿਉ ਭਾਵੈ ਤਿਵ ਹਰਿ ਗੁਣਤਾਸੁ॥੨॥		Jan Naanak Karae Karaaeiaa Sabh Ko Jio Bhaavai Thiv Har Gunathaas ||2||	O servant Nanak, the Lord acts, and inspires everyone to act, according to the Pleasure of His Will. He is the treasure of virtue. ||2||	ਹੇ ਦਾਸ ਨਾਨਕ! ਜਿਵੇਂ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਨੂੰ ਭਾਉਂਦਾ ਹੈ ਤਿਵੇਂ ਹਰੇਕ ਜੀਵ ਉਸ ਦਾ ਕਰਾਇਆ ਕਰਦਾ ਹੈ ॥੨॥
40714	949	ਪਉੜੀ॥		Pourree ||	Pauree:	

40715	949	ਛਤੀਹ ਜੁਗ ਗੁਬਾਰੁ ਸਾ ਆਪੇ ਗਣਤ ਕੀਨੀ॥		Shhatheeh Jug Gubaar Saa Aapae Ganath Keenee ||	For thirty-six ages, there was utter darkness. Then, the Lord revealed Himself.	(ਪਹਿਲਾਂ ਜਦੋਂ ਪ੍ਰਭੂ ਨਿਰਗੁਣ ਰੂਪ ਵਿਚ ਸੀ ਤਦੋਂ) ਬੇਅੰਤ ਸਮਾ ਹਨੇਰਾ ਸੀ (ਭਾਵ, ਤਦੋਂ ਕੀਹ ਸਰੂਪ ਸੀ-ਇਹ ਗੱਲ ਦੱਸੀ ਨਹੀਂ ਜਾ ਸਕਦੀ), (ਫਿਰ ਸਰਗੁਣ ਰੂਪ ਰਚ ਕੇ) ਉਸ ਨੇ ਆਪ ਹੀ (ਜਗਤ-ਰਚਨਾ ਦੀ) ਵਿਚਾਰ ਕੀਤੀ;
40716	949	ਆਪੇ ਸ੍ਰਿਸਟਿ ਸਭ ਸਾਜੀਅਨੁ ਆਪਿ ਮਤਿ ਦੀਨੀ॥		Aapae Srisatt Sabh Saajeean Aap Math Dheenee ||	He Himself created the entire universe. He Himself blessed it with understanding.	ਉਸ (ਪ੍ਰਭੂ) ਨੇ ਆਪ ਹੀ ਸ੍ਰਿਸ਼ਟੀ ਪੈਦਾ ਕੀਤੀ ਤੇ ਆਪ ਹੀ (ਜੀਵਾਂ ਨੂੰ) ਅਕਲ ਦਿੱਤੀ;
40717	949	ਸਿਮ੍ਰਿਤਿ ਸਾਸਤ ਸਾਜਿਅਨੁ ਪਾਪ ਪੁੰਨ ਗਣਤ ਗਣੀਨੀ॥	ਸਿਮ੍ਰਿਤਿ	Simrith Saasath Saajian Paap Punn Ganath Ganeenee ||	He created the Simritees and the Shaastras; He calculates the accounts of virtue and vice.	(ਇਸ ਤਰ੍ਹਾਂ ਮਨੁੱਖ ਬੁੱਧਵਾਨਾਂ ਦੀ ਰਾਹੀਂ ਉਸ ਨੇ ਆਪ ਹੀ ਸਿਮ੍ਰਿਤੀਆਂ ਤੇ ਸ਼ਾਸਤ੍ਰ (ਆਦਿਕ ਧਰਮ-ਪੁਸਤਕ) ਬਣਾਏ, (ਉਹਨਾਂ ਵਿਚ) ਪਾਪ ਤੇ ਪੁੰਨ ਦਾ ਨਿਖੇੜਾ ਕੀਤਾ (ਭਾਵ, ਦੱਸਿਆ ਕਿ 'ਪਾਪ' ਕੀਹ ਹੈ ਤੇ 'ਪੁੰਨ' ਕੀਹ ਹੈ)।
40718	949	ਜਿਸੁ ਬੁਝਾਏ ਸੋ ਬੁਝਸੀ ਸਚੈ ਸਬਦਿ ਪਤੀਨੀ॥	ਬੁੱਝਾਏ। ਬੁੱਝਸੀ	Jis Bujhaaeae So Bujhasee Sachai Sabadh Patheenee ||	He alone understands, whom the Lord inspires to understand and to be pleased with the True Word of the Shabad.	ਜਿਸ ਮਨੁੱਖ ਨੂੰ (ਇਹ ਸਾਰਾ ਰਾਜ਼) ਸਮਝਾਂਦਾ ਹੈ ਉਹੀ ਸਮਝਦਾ ਹੈ, ਉਸ ਮਨੁੱਖ ਦਾ ਮਨ ਗੁਰੂ ਦੇ ਸੱਚੇ ਸ਼ਬਦ ਵਿਚ ਸਰਧਾ ਧਾਰ ਲੈਂਦਾ ਹੈ।

40719	949	ਸਭੁ ਆਪੇ ਆਪਿ ਵਰਤਦਾ ਆਪੇ ਬਖਸਿ ਮਿਲਾਈ॥੭॥		Sabh Aapae Aap Varathadhaa Aapae Bakhas Milaaee ||7||	He Himself is all-pervading; He Himself forgives, and unites with Himself. ||7||	ਹਰੇਕ ਕਾਰਜ ਵਿਚ ਪ੍ਰਭੂ ਆਪ ਹੀ ਆਪ ਮੌਜੂਦ ਹੈ, ਆਪ ਹੀ ਮੇਹਰ ਕਰ ਕੇ (ਜੀਵ ਨੂੰ ਆਪਣੇ ਵਿਚ) ਮਿਲਾਂਦਾ ਹੈ ॥੭॥
40720	949	ਸਲੋਕ ਮਃ ੩॥		Salok Ma 3 ||	Shalok, Third Mehl:	
40721	949	ਇਹੁ ਤਨੁ ਸਭੋ ਰਤੁ ਹੈ ਰਤੁ ਬਿਨੁ ਤੰਨੁ ਨ ਹੋਇ॥	(ਰਤੁ) ਪ੍ਰੀਤੀ।ਰਤੁ ਰਤੁ: ਪੋਲੇ ਬੋਲੋ	Eihu Than Sabho Rath Hai Rath Bin Thann N Hoe ||	This body is all blood; without blood, the body cannot exist.	ਇਹ ਸਾਰਾ ਸਰੀਰ ਲਹੂ ਹੈ (ਭਾਵ, ਸਾਰੇ ਸਰੀਰ ਵਿਚ ਲਹੂ ਮੌਜੂਦ ਹੈ), ਲਹੂ ਤੋਂ ਬਿਨਾ ਸਰੀਰ ਰਹਿ ਨਹੀਂ ਸਕਦਾ।
40722	949	ਜੋ ਸਹਿ ਰਤੇ ਆਪਣੈ ਤਿਨ ਤਨਿ ਲੋਭ ਰਤੁ ਨ ਹੋਇ॥	ਰਤ: ਪੋਲਾ ਬੋਲੋ। ਰੱਤੇ	Jo Sehi Rathae Aapanai Thin Than Lobh Rath N Hoe ||	Those who are attuned to their Lord - their bodies are not filled with the blood of greed.	(ਫਿਰ, ਸਰੀਰ ਨੂੰ ਚੀਰਿਆਂ, ਭਾਵ, ਸਰੀਰ ਦੀ ਪੜਤਾਲ ਕੀਤਿਆਂ, ਕੇਹੜਾ ਲਹੂ ਨਹੀਂ ਨਿਕਲਦਾ?) ਜੋ ਬੰਦੇ ਆਪਣੇ ਖਸਮ (-ਪ੍ਰਭੂ ਦੇ ਪਿਆਰ) ਵਿਚ ਰੰਗੇ ਹੋਏ ਹਨ ਉਹਨਾਂ ਦੇ ਸਰੀਰ ਵਿਚ ਲਾਲਚ ਦਾ ਲਹੂ ਨਹੀਂ ਹੁੰਦਾ।
40723	949	ਭੈ ਪਇਐ ਤਨੁ ਖੀਣੁ ਹੋਇ ਲੋਭ ਰਤੁ ਵਿਚਹੁ ਜਾਇ॥	ਰਤੁ: ਪੋਲਾ ਬੋਲੋ	Bhai Paeiai Than Kheen Hoe Lobh Rath Vichahu Jaae ||	In the Fear of God, the body becomes thin, and the blood of greed passes out of the body.	ਜੇ (ਪਰਮਾਤਮਾ ਦੇ) ਡਰ ਵਿਚ ਜੀਵੀਏ ਤਾਂ ਸਰੀਰ (ਇਸ ਤਰ੍ਹਾਂ ਦਾ) ਲਿੱਸਾ ਹੋ ਜਾਂਦਾ ਹੈ (ਕਿ) ਇਸ ਵਿਚੋਂ ਲੋਭ ਦੀ ਰੁੱਤ ਨਿਕਲ ਜਾਂਦੀ ਹੈ।

40724	950	ਜਿਉ ਬੈਸੰਤਰਿ ਧਾਤੁ ਸੁਧੁ ਹੋਇ ਤਿਉ ਹਰਿ ਕਾ ਭਉ ਦੁਰਮਤਿ ਮੈਲੁ ਗਵਾਇ॥	ਸੁੱਧੁ	Jio Baisanthar Dhhaath Sudhh Hoe Thio Har Kaa Bho Dhuramath Mail Gavaae ||	As fire purifies metal, so does the Fear of the Lord eradicate the filth of evil-mindedness.	ਜਿਵੇਂ ਅੱਗ ਵਿਚ (ਪਾਇਆਂ ਸੋਨਾ ਆਦਿਕ) ਧਾਤ ਸਾਫ਼ ਹੋ ਜਾਂਦੀ ਹੈ, ਇਸੇ ਤਰ੍ਹਾਂ ਪਰਮਾਤਮਾ ਦਾ ਡਰ (ਮਨੁੱਖ ਦੀ) ਭੈੜੀ ਮੱਤ ਦੀ ਮੈਲ ਨੂੰ ਕੱਟ ਦੇਂਦਾ ਹੈ।
40725	950	ਨਾਨਕ ਤੇ ਜਨ ਸੋਹਣੇ ਜੋ ਰਤੇ ਹਰਿ ਰੰਗੁ ਲਾਇ॥੧॥		Naanak Thae Jan Sohanae Jo Rathae Har Rang Laae ||1||	O Nanak, beautiful are those humble beings, who are imbued with the Lord's Love. ||1||	ਹੇ ਨਾਨਕ! ਉਹ ਬੰਦੇ ਸੋਹਣੇ ਹਨ ਜੋ ਪਰਮਾਤਮਾ ਨਾਲ ਪ੍ਰੇਮ ਜੋੜ ਕੇ (ਉਸ ਦੇ ਪ੍ਰੇਮ ਵਿਚ) ਰੰਗੇ ਹੋਏ ਹਨ ॥੧॥
40726	950	ਮਃ ੩॥		Ma 3 ||	Third Mehl:	
40727	950	ਰਾਮਕਲੀ ਰਾਮੁ ਮਨਿ ਵਸਿਆ ਤਾ ਬਨਿਆ ਸੀਗਾਰੁ॥		Raamakalee Raam Man Vasiaa Thaa Baniaa Seegaar ||	In Raamkalee, I have enshrined the Lord in my mind; thus I have been embellished.	ਰਾਮਕਲੀ (ਰਾਗਨੀ) ਦੀ ਰਾਹੀਂ ਜੇ ਰਾਮ (ਜੀਵ-ਇਸਤ੍ਰੀ) ਦੇ ਮਨ ਵਿਚ ਵੱਸ ਪਏ ਤਾਂ ਹੀ ਉਸ ਦਾ (ਪ੍ਰਭੂ-ਪਤੀ ਨੂੰ ਮਿਲਣ ਲਈ ਕੀਤਾ ਹੋਇਆ ਉੱਦਮ ਰੂਪ) ਸਿੰਗਾਰ ਸਫਲਾ ਹੈ।
40728	950	ਗੁਰ ਕੈ ਸਬਦਿ ਕਮਲੁ ਬਿਗਸਿਆ ਤਾ ਸਉਪਿਆ ਭਗਤਿ ਭੰਡਾਰੁ॥		Gur Kai Sabadh Kamal Bigasiaa Thaa Soupiaa Bhagath Bhanddaar ||	Through the Word of the Guru's Shabad, my heart-lotus has blossomed forth; the Lord blessed me with the treasure of devotional worship.	ਜੇ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਹਿਰਦਾ ਕਮਲ ਖਿੜ ਪਏ ਤਾਂ ਹੀ ਭਗਤੀ ਦਾ ਖ਼ਜ਼ਾਨਾ ਮਿਲਦਾ ਹੈ।

40729	950	ਭਰਮੁ ਗਇਆ ਤਾ ਜਾਗਿਆ ਚੂਕਾ ਅਗਿਆਨ ਅੰਧਾਰੁ॥		Bharam Gaeiaa Thaa Jaagiaa Chookaa Agiaan Andhhaar ||	My doubt was dispelled, and I woke up; the darkness of ignorance was dispelled.	ਜੇ (ਗੁਰ-ਸ਼ਬਦ ਦੀ ਰਾਹੀਂ) ਮਨ ਦੀ ਭਟਕਣਾ ਦੂਰ ਹੋ ਜਾਏ ਤਾਂ ਹੀ ਮਨ ਜਾਗਿਆ (ਸਮਝੋ, ਕਿਉਂਕਿ) ਅਗਿਆਨ ਦਾ ਹਨੇਰਾ ਮੁੱਕ ਜਾਂਦਾ ਹੈ।
40730	950	ਤਿਸ ਨੋ ਰੂਪੁ ਅਤਿ ਅਗਲਾ ਜਿਸੁ ਹਰਿ ਨਾਲਿ ਪਿਆਰੁ॥		This No Roop Ath Agalaa Jis Har Naal Piaar ||	She who is in love with her Lord, is the most infinitely beautiful.	ਜਿਸ (ਜੀਵ-ਇਸਤ੍ਰੀ ਦਾ ਪ੍ਰਭੂ (-ਪਤੀ) ਨਾਲ ਪਿਆਰ ਬਣ ਜਾਂਦਾ ਹੈ ਉਸ (ਦੀ ਆਤਮਾ) ਨੂੰ ਬਹੁਤ ਸੋਹਣਾ ਰੂਪ ਚੜ੍ਹਦਾ ਹੈ।
40731	950	ਸਦਾ ਰਵੈ ਪਿਰੁ ਆਪਣਾ ਸੋਭਾਵੰਤੀ ਨਾਰਿ॥		Sadhaa Ravai Pir Aapanaa Sobhaavanthee Naar ||	Such a beautiful, happy soul-bride enjoys her Husband Lord forever.	ਉਹ ਸੋਭਾਵੰਤੀ (ਜੀਵ-) ਇਸਤ੍ਰੀ ਸਦਾ ਆਪਣੇ (ਪ੍ਰਭੂ-) ਪਤੀ ਨੂੰ ਸਿਮਰਦੀ ਹੈ।
40732	950	ਮਨਮੁਖਿ ਸੀਗਾਰੁ ਨ ਜਾਣਨੀ ਜਾਸਨਿ ਜਨਮੁ ਸਭੁ ਹਾਰਿ॥		Manamukh Seegaar N Jaananee Jaasan Janam Sabh Haar ||	The self-willed manmukhs do not know how to decorate themselves; wasting their whole lives, they depart.	ਮਨ ਦੇ ਪਿੱਛੇ ਤੁਰਨ ਵਾਲੀਆਂ (ਜੀਵ-ਇਸਤ੍ਰੀਆਂ ਪ੍ਰਭੂ ਨੂੰ ਪ੍ਰਸੰਨ ਕਰਨ ਵਾਲਾ) ਸਿੰਗਾਰ ਕਰਨਾ ਨਹੀਂ ਜਾਣਦੀਆਂ; ਉਹ ਸਾਰਾ (ਮਨੁੱਖ-) ਜਨਮ ਹਾਰ ਕੇ ਜਾਣਗੀਆਂ।

40733	950	ਬਿਨੁ ਹਰਿ ਭਗਤੀ ਸੀਗਾਰੁ ਕਰਹਿ ਨਿਤ ਜੰਮਹਿ ਹੋਇ ਖੁਆਰੁ॥		Bin Har Bhagathee Seegaar Karehi Nith Janmehi Hoe Khuaar ||	Those who decorate themselves without devotional worship to the Lord, are continually reincarnated to suffer.	ਪ੍ਰਭੂ (-ਪਤੀ) ਦੀ ਭਗਤੀ ਤੋਂ ਬਿਨਾ (ਹੋਰ ਕਰਮ ਧਰਮ ਆਦਿਕ) ਸਿੰਗਾਰ ਜੋ (ਜੀਵ-ਇਸਤ੍ਰੀਆਂ) ਕਰਦੀਆਂ ਹਨ ਉਹ ਨਿੱਤ ਖ਼ੁਆਰ ਹੋ ਕੇ ਜੰਮਦੀਆਂ ਹਨ (ਭਾਵ, ਜਨਮ ਮਰਨ ਦੇ ਗੇੜ ਵਿਚ ਪੈਂਦੀਆਂ ਹਨ ਤੇ ਦੁਖੀ ਰਹਿੰਦੀਆਂ ਹਨ)।
40734	950	ਸੈਸਾਰੈ ਵਿਚਿ ਸੋਭ ਨ ਪਾਇਨੀ ਅਗੈ ਜਿ ਕਰੇ ਸੁ ਜਾਣੈ ਕਰਤਾਰੁ॥		Saisaarai Vich Sobh N Paaeinee Agai J Karae S Jaanai Karathaar ||	They do not obtain respect in this world; the Creator Lord alone knows what will happen to them in the world hereafter.	ਨਾਹ ਤਾਂ ਉਹਨਾਂ ਨੂੰ ਇਸ ਲੋਕ ਵਿਚ ਸੋਭਾ ਮਿਲਦੀ ਹੈ ਤੇ ਪਰਲੋਕ ਵਿਚ ਜੋ ਉਹਨਾਂ ਨਾਲ ਵਰਤਦੀ ਹੈ ਉਹ ਪ੍ਰਭੂ ਹੀ ਜਾਣਦਾ ਹੈ।
40735	950	ਨਾਨਕ ਸਚਾ ਏਕੁ ਹੈ ਦੁਹੁ ਵਿਚਿ ਹੈ ਸੰਸਾਰੁ॥		Naanak Sachaa Eaek Hai Dhuhu Vich Hai Sansaar ||	O Nanak, the True Lord is the One and only; duality exists only in the world.	ਹੇ ਨਾਨਕ! (ਜਨਮ ਮਰਨ ਤੋਂ ਰਹਿਤ) ਸਦਾ ਕਾਇਮ ਰਹਿਣ ਵਾਲਾ ਇਕ ਪਰਮਾਤਮਾ ਹੀ ਹੈ, ਸੰਸਾਰ (ਭਾਵ, ਦੁਨੀਆਦਾਰ) ਜਨਮ ਮਰਨ (ਦੇ ਚੱਕਰ) ਵਿਚ ਹੈ।
40736	950	ਚੰਗੈ ਮੰਦੈ ਆਪਿ ਲਾਇਅਨੁ ਸੋ ਕਰਨਿ ਜਿ ਆਪਿ ਕਰਾਏ ਕਰਤਾਰੁ॥੨॥		Changai Mandhai Aap Laaeian So Karan J Aap Karaaeae Karathaar ||2||	He Himself enjoins them to good and bad; they do only that which the Creator Lord causes them to do. ||2||	ਚੰਗੇ ਕੰਮ ਵਿਚ ਤੇ ਮੰਦੇ ਕੰਮ ਵਿਚ (ਜੀਵ) ਪ੍ਰਭੂ ਨੇ ਆਪ ਹੀ ਲਾਏ ਹੋਏ ਹਨ, ਜੋ ਕੁਝ ਕਰਤਾਰ (ਉਹਨਾਂ ਪਾਸੋਂ) ਕਰਾਂਦਾ ਹੈ ਉਹੀ ਉਹ ਕਰਦੇ ਹਨ ॥੨॥

40737	950	ਮਃ ੩॥		Ma 3 ||	Third Mehl:	
40738	950	ਬਿਨੁ ਸਤਿਗੁਰ ਸੇਵੇ ਸਾਂਤਿ ਨ ਆਵਈ ਦੂਜੀ ਨਾਹੀ ਜਾਇ॥		Bin Sathigur Saevae Saanth N Aavee Dhoojee Naahee Jaae ||	Without serving the True Guru, tranquility is not obtained. It cannot be found anywhere else.	ਸਤਿਗੁਰੂ ਦੇ ਹੁਕਮ ਵਿਚ ਤੁਰਨ ਤੋਂ ਬਿਨਾ (ਮਨ ਵਿਚ) ਸ਼ਾਂਤੀ ਨਹੀਂ ਆਉਂਦੀ (ਤੇ ਇਸ ਸ਼ਾਂਤੀ ਵਾਸਤੇ ਗੁਰੂ ਤੋਂ ਬਿਨਾ) ਕੋਈ (ਹੋਰ) ਥਾਂ ਨਹੀਂ।
40739	950	ਜੇ ਬਹੁਤੇਰਾ ਲੋਚੀਐ ਵਿਣੁ ਕਰਮਾ ਪਾਇਆ ਨ ਜਾਇ॥		Jae Bahuthaeraa Locheeai Vin Karamaa Paaeiaa N Jaae ||	No matter how much one may long for it, without the karma of good actions, it cannot be found.	ਭਾਵੇਂ ਕਿਤਨੀ ਤਾਂਘ ਕਰੀਏ, ਭਾਗਾਂ ਤੋਂ ਬਿਨਾ (ਗੁਰੂ) ਮਿਲਦਾ ਭੀ ਨਹੀਂ।
40740	950	ਅੰਤਰਿ ਲੋਭੁ ਵਿਕਾਰੁ ਹੈ ਦੂਜੈ ਭਾਇ ਖੁਆਇ॥		Anthar Lobh Vikaar Hai Dhoojai Bhaae Khuaae ||	Those whose inner beings are filled with greed and corruption, are ruined through the love of duality.	(ਕਿਉਂਕਿ ਜਿਤਨਾ ਚਿਰ ਮਨੁੱਖ ਦੇ) ਅੰਦਰ ਲੋਭ-ਰੂਪ ਵਿਕਾਰ ਹੈ (ਉਤਨਾ ਚਿਰ ਉਹ ਪ੍ਰਭੂ ਨੂੰ ਛੱਡ ਕੇ) ਹੋਰ ਦੇ ਪਿਆਰ ਵਿਚ ਖੁੰਝਿਆ ਫਿਰਦਾ ਹੈ।
40741	950	ਤਿਨ ਜੰਮਣੁ ਮਰਣੁ ਨ ਚੁਕਈ ਹਉਮੈ ਵਿਚਿ ਦੁਖੁ ਪਾਇ॥		Thin Janman Maran N Chukee Houmai Vich Dhukh Paae ||	The cycle of birth and death is not ended, and filled with egotism, they suffer in pain.	(ਜਿਨ੍ਹਾਂ ਦਾ ਇਹ ਹਾਲ ਹੈ) ਉਹਨਾਂ ਦਾ ਜਨਮ ਮਰਨ ਦਾ ਗੇੜ ਨਹੀਂ ਮੁੱਕਦਾ, ਉਹਨਾਂ ਨੂੰ ਹਉਮੈ ਵਿਚ (ਗ੍ਰਸਿਆਂ ਨੂੰ) ਦੁੱਖ ਮਿਲਦਾ ਹੈ।

40742	950	ਜਿਨੀ ਸਤਿਗੁਰ ਸਿਉ ਚਿਤੁ ਲਾਇਆ ਸੋ ਖਾਲੀ ਕੋਈ ਨਾਹਿ॥		Jinee Sathigur Sio Chith Laaeiaa So Khaalee Koee Naahi ||	Those who focus their consciousness on the True Guru, do not remain unfulfilled.	ਜਿਨ੍ਹਾਂ ਮਨੁੱਖਾਂ ਨੇ ਸਤਿਗੁਰੂ ਨਾਲ ਮਨ ਲਾਇਆ ਹੈ ਉਹਨਾਂ ਵਿਚੋਂ ਕੋਈ ਭੀ (ਪਿਆਰ ਤੋਂ) ਸੁੰਞੇ ਹਿਰਦੇ ਵਾਲਾ ਨਹੀਂ ਹੈ।
40743	950	ਤਿਨ ਜਮ ਕੀ ਤਲਬ ਨ ਹੋਵਈ ਨਾ ਓਇ ਦੁਖ ਸਹਾਹਿ॥	ਸਹਾ-ਹਿ	Thin Jam Kee Thalab N Hovee Naa Oue Dhukh Sehaahi ||	They are not summoned by the Messenger of Death, and they do not suffer in pain.	ਉਹਨਾਂ ਨੂੰ ਜਮ ਦਾ ਸੱਦਾ ਨਹੀਂ ਆਉਂਦਾ (ਭਾਵ, ਉਹਨਾਂ ਨੂੰ ਮੌਤ ਤੋਂ ਡਰ ਨਹੀਂ ਲੱਗਦਾ) ਨਾਹ ਹੀ ਉਹ ਕਿਸੇ ਤਰ੍ਹਾਂ ਦੁਖੀ ਹੁੰਦੇ ਹਨ।
40744	950	ਨਾਨਕ ਗੁਰਮੁਖਿ ਉਬਰੇ ਸਚੈ ਸਬਦਿ ਸਮਾਹਿ॥੩॥		Naanak Guramukh Oubarae Sachai Sabadh Samaahi ||3||	O Nanak, the Gurmukh is saved, merging in the True Word of the Shabad. ||3||	ਹੇ ਨਾਨਕ! ਗੁਰੂ ਦੇ ਹੁਕਮ ਵਿਚ ਤੁਰਨ ਵਾਲੇ ਬੰਦੇ ("ਜਮ ਦੀ ਤਲਬ" ਤੋਂ) ਬਚੇ ਹੋਏ ਹਨ (ਕਿਉਂਕਿ) ਉਹ ਗੁਰੂ ਦੇ ਸ਼ਬਦ ਦੀ ਰਾਹੀਂ ਸੱਚੇ ਪ੍ਰਭੂ ਵਿਚ ਲੀਨ ਰਹਿੰਦੇ ਹਨ ॥੩॥
40745	950	ਪਉੜੀ॥		Pourree ||	Pauree:	
40746	950	ਆਪਿ ਅਲਿਪਤੁ ਸਦਾ ਰਹੈ ਹੋਰਿ ਧੰਧੈ ਸਭਿ ਧਾਵਹਿ॥	ਅ-ਲਿਪਤੁ	Aap Alipath Sadhaa Rehai Hor Dhhandhhai Sabh Dhhaavehi ||	He Himself remains unattached forever; all others run after worldly affairs.	(ਪਰਮਾਤਮਾ) ਆਪ (ਮਾਇਆ ਦੇ ਪ੍ਰਭਾਵ ਤੋਂ) ਨਿਰਾਲਾ ਰਹਿੰਦਾ ਹੈ, ਹੋਰ ਸਾਰੇ ਜੀਵ (ਮਾਇਆ ਦੇ) ਝੰਬੇਲੇ ਵਿਚ ਭਟਕ ਰਹੇ ਹਨ।

40747	950	ਆਪਿ ਨਿਹਚਲੁ ਅਚਲੁ ਹੈ ਹੋਰਿ ਆਵਹਿ ਜਾਵਹਿ॥	ਅਚੱਲੁ	Aap Nihachal Achal Hai Hor Aavehi Jaavehi ||	He Himself is eternal, unchanging and unmoving; the others continue coming and going in reincarnation.	ਪ੍ਰਭੂ ਆਪ ਸਦਾ-ਥਿਰ ਤੇ ਅਟੱਲ ਹੈ, ਹੋਰ ਜੀਵ ਜੰਮਦੇ ਮਰਦੇ ਰਹਿੰਦੇ ਹਨ।
40748	950	ਸਦਾ ਸਦਾ ਹਰਿ ਧਿਆਈਐ ਗੁਰਮੁਖਿ ਸੁਖੁ ਪਾਵਹਿ॥		Sadhaa Sadhaa Har Dhhiaaeeai Guramukh Sukh Paavehi ||	Meditating on the Lord forever and ever, the Gurmukh finds peace.	(ਐਸੇ ਪ੍ਰਭੂ ਨੂੰ) ਸਦਾ ਸਿਮਰਨਾ ਚਾਹੀਦਾ ਹੈ। (ਜੋ) ਗੁਰੂ ਦੇ ਹੁਕਮ ਵਿਚ ਤੁਰ ਕੇ (ਸਿਮਰਦੇ ਹਨ ਉਹ) ਸੁਖ ਪਾਂਦੇ ਹਨ।
40749	950	ਨਿਜ ਘਰਿ ਵਾਸਾ ਪਾਈਐ ਸਚਿ ਸਿਫਤਿ ਸਮਾਵਹਿ॥		Nij Ghar Vaasaa Paaeeai Sach Sifath Samaavehi ||	He dwells in the home of his own inner being, absorbed in the Praise of the True Lord.	(ਗੁਰੂ ਦੀ ਰਾਹੀਂ ਪ੍ਰਭੂ ਨੂੰ ਸਿਮਰ ਕੇ) ਆਪਣੇ ਅਸਲ ਘਰ ਵਿਚ ਥਾਂ ਮਿਲਦੀ ਹੈ, ਸਿਫ਼ਤ-ਸਾਲਾਹ ਦੀ ਰਾਹੀਂ (ਗੁਰਮੁਖਿ) ਸੱਚੇ ਪ੍ਰਭੂ ਵਿਚ ਲੀਨ ਰਹਿੰਦੇ ਹਨ।
40750	950	ਸਚਾ ਗਹਿਰ ਗੰਭੀਰੁ ਹੈ ਗੁਰ ਸਬਦਿ ਬੁਝਾਈ॥੮॥	ਬੁੱਝਾਈ	Sachaa Gehir Ganbheer Hai Gur Sabadh Bujhaaee ||8||	The True Lord is profound and unfathomable; through the Word of the Guru's Shabad, He is understood. ||8||	ਪ੍ਰਭੂ ਸਦਾ ਕਾਇਮ ਰਹਿਣ ਵਾਲਾ ਤੇ ਅਥਾਹ ਹੈ (ਇਹ ਗੱਲ ਉਹ ਆਪ ਹੀ) ਸਤਿਗੁਰੂ ਦੇ ਸ਼ਬਦ ਦੀ ਰਾਹੀਂ ਸਮਝਾਂਦਾ ਹੈ ॥੮॥
40751	950	ਸਲੋਕ ਮਃ ੩॥		Salok Ma 3 ||	Shalok, Third Mehl:	

40752	950	ਸਚਾ ਨਾਮੁ ਧਿਆਇ ਤੂ ਸਭੋ ਵਰਤੈ ਸਚੁ॥		Sachaa Naam Dhhiaae Thoo Sabho Varathai Sach ||	Meditate on the True Name; the True Lord is all-pervading.	(ਉਸ ਪ੍ਰਭੂ ਦਾ) ਸਦਾ-ਥਿਰ ਰਹਣ ਵਾਲਾ ਨਾਮ ਸਿਮਰ ਜੋ ਹਰ ਥਾਂ ਮੌਜੂਦ ਹੈ।
40753	950	ਨਾਨਕ ਹੁਕਮੈ ਜੋ ਬੁਝੈ ਸੋ ਫਲੁ ਪਾਏ ਸਚੁ॥	ਬੁੱਝੈ	Naanak Hukamai Jo Bujhai So Fal Paaeae Sach ||	O Nanak, one who realizes the Hukam of the Lord's Command, obtains the fruit of Truth.	ਹੇ ਨਾਨਕ! ਜੋ ਮਨੁੱਖ ਪ੍ਰਭੂ ਦੇ ਹੁਕਮ ਨੂੰ ਸਮਝਦਾ ਹੈ (ਭਾਵ, ਹੁਕਮ ਵਿਚ ਤੁਰਦਾ ਹੈ) ਉਹ ਪ੍ਰਭੂ ਦੀ ਪ੍ਰਾਪਤੀ-ਰੂਪ ਫਲ ਪਾਂਦਾ ਹੈ,
40754	950	ਕਥਨੀ ਬਦਨੀ ਕਰਤਾ ਫਿਰੈ ਹੁਕਮੁ ਨ ਬੂਝੈ ਸਚੁ॥		Kathhanee Badhanee Karathaa Firai Hukam N Boojhai Sach ||	One who merely mouths the words, does not understand the Hukam of the True Lord's Command.	(ਪਰ ਜੋ ਮਨੁੱਖ ਨਿਰੀਆਂ) ਮੂੰਹ ਦੀਆਂ ਗੱਲਾਂ ਕਰਦਾ ਹੈ ਉਹ ਅਟੱਲ ਹੁਕਮ ਨੂੰ ਨਹੀਂ ਸਮਝਦਾ।
40755	950	ਨਾਨਕ ਹਰਿ ਕਾ ਭਾਣਾ ਮੰਨੇ ਸੋ ਭਗਤੁ ਹੋਇ ਵਿਣੁ ਮੰਨੇ ਕਚੁਨਿ ਕਚੁ॥੧॥	ਕੱਚੁਨਿ। ਕੱਚੁ	Naanak Har Kaa Bhaanaa Mannae So Bhagath Hoe Vin Mannae Kach Nikach ||1||	O Nanak, one who accepts the Will of the Lord is His devotee. Without accepting it, he is the falsest of the false. ||1||	ਹੇ ਨਾਨਕ! ਜੋ ਮਨੁੱਖ ਪਰਮਾਤਮਾ ਦਾ ਹੁਕਮ ਮੰਨਦਾ ਹੈ ਉਹ (ਅਸਲ) ਭਗਤ ਹੈ। ਹੁਕਮ ਮੰਨਣ ਤੋਂ ਬਿਨਾ ਮਨੁੱਖ ਬਿਲਕੁਲ ਕੱਚਾ ਹੈ (ਭਾਵ, ਅੱਲ੍ਹੜ ਮਨ ਵਾਲਾ ਹੈ ਜੋ ਹਰ ਵੇਲੇ ਡੋਲਦਾ ਹੈ) ॥੧॥
40756	950	ਮਃ ੩॥		Ma 3 ||	Third Mehl:	

40757	950	ਮਨਮੁਖ ਬੋਲਿ ਨ ਜਾਣਨੀ ਓਨਾ ਅੰਦਰਿ ਕਾਮੁ ਕ੍ਰੋਧੁ ਅਹੰਕਾਰੁ॥		Manamukh Bol N Jaananee Ounaa Andhar Kaam Krodhh Ahankaar ||	The self-willed manmukhs do not know what they are saying. They are filled with sexual desire, anger and egotism.	ਜੋ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦੇ ਹਨ ਚੂੰਕਿ ਉਹਨਾਂ ਦੇ ਮਨ ਵਿਚ ਕਾਮ ਕ੍ਰੋਧ ਅਹੰਕਾਰ ਤੇ ਲੋਭ ਵਿਕਾਰ ਪ੍ਰਬਲ ਹਨ।
40758	950	ਓਇ ਥਾਉ ਕੁਥਾਉ ਨ ਜਾਣਨੀ ਉਨ ਅੰਤਰਿ ਲੋਭੁ ਵਿਕਾਰੁ॥		Oue Thhaao Kuthhaao N Jaananee Oun Anthar Lobh Vikaar ||	They do not understand right places and wrong places; they are filled with greed and corruption.	ਉਹ ਨਾਹ ਹੀ ਥਾਂ ਕੁਥਾਂ ਸਮਝਦੇ ਹਨ ਤੇ ਨਾਹ ਹੀ ਸਮੇ-ਸਿਰ ਢੁਕਦੀ ਗੱਲ ਕਰਨੀ ਜਾਣਦੇ ਹਨ ਕਿਉਂਕਿ ਉਹਨਾਂ ਦੇ ਮਨ ਵਿਚ ਲੋਭ ਵਿਕਾਰ ਪ੍ਰਬਲ ਹਨ।
40759	950	ਓਇ ਆਪਣੈ ਸੁਆਇ ਆਇ ਬਹਿ ਗਲਾ ਕਰਹਿ ਓਨਾ ਮਾਰੇ ਜਮੁ ਜੰਦਾਰੁ॥		Oue Aapanai Suaae Aae Behi Galaa Karehi Ounaa Maarae Jam Jandhaar ||	They come, and sit and talk for their own purposes. The Messenger of Death strikes them down.	(ਜਿਥੇ ਭੀ) ਉਹ ਆ ਕੇ ਬੈਠਦੇ ਹਨ (ਸਤਸੰਗ ਵਿਚ ਆਉਣ ਤਾਂ ਭੀ) ਆਪਣੇ ਸੁਆਰਥ ਅਨੁਸਾਰ ਹੀ ਗੱਲਾਂ ਕਰਦੇ ਹਨ, (ਸੋ ਹਰ ਵੇਲੇ) ਉਹਨਾਂ ਨੂੰ ਡਰਾਉਣਾ ਜਮ ਮਾਰਦਾ ਰਹਿੰਦਾ ਹੈ (ਭਾਵ, ਹਰ ਵੇਲੇ ਆਤਮਕ ਮੌਤ ਉਹਨਾਂ ਨੂੰ ਦਬਾਈ ਰੱਖਦੀ ਹੈ)।
40760	950	ਅਗੈ ਦਰਗਹ ਲੇਖੈ ਮੰਗਿਐ ਮਾਰਿ ਖੁਆਰੁ ਕੀਚਹਿ ਕੂੜਿਆਰ॥		Agai Dharageh Laekhai Mangiai Maar Khuaar Keechehi Koorriaar ||	Hereafter, they are called to account in the Court of the Lord; the false ones are struck down and humiliated.	ਅਗਾਂਹ ਪ੍ਰਭੂ ਦੀ ਹਜ਼ੂਰੀ ਵਿਚ ਲੇਖਾ ਮੰਗਿਆ ਜਾਣ ਤੇ ਉਹ ਕੂੜ ਦੇ ਵਪਾਰੀ ਮਾਰ ਮਾਰ ਕੇ ਖ਼ੁਆਰ ਕੀਤੇ ਜਾਂਦੇ ਹਨ।

40761	950	ਏਹ ਕੂੜੈ ਕੀ ਮਲੁ ਕਿਉ ਉਤਰੈ ਕੋਈ ਕਢਹੁ ਇਹੁ ਵੀਚਾਰੁ॥		Eaeh Koorrai Kee Mal Kio Outharai Koee Kadtahu Eihu Veechaar ||	How can this filth of falsehood be washed off? Can anyone think about this, and find the way?	ਕੋਈ ਮਨੁੱਖ ਇਹ ਵਿਚਾਰ ਦੱਸੇ ਕਿ ਇਹ ਕੂੜ ਦੀ ਮੈਲ (ਭਾਵ, ਉਹਨਾਂ ਪਦਾਰਥਾਂ ਦਾ ਮੋਹ ਜੋ ਨਾਲ ਨਹੀਂ ਨਿਭਣੇ) ਕਿਵੇਂ ਦੂਰ ਹੋਵੇ।
40762	950	ਸਤਿਗੁਰੁ ਮਿਲੈ ਤਾ ਨਾਮੁ ਦਿੜਾਏ ਸਭਿ ਕਿਲਵਿਖ ਕਟਣਹਾਰੁ॥		Sathigur Milai Thaa Naam Dhirraaeae Sabh Kilavikh Kattanehaar ||	If one meets with the True Guru, He implants the Naam, the Name of the Lord within; all his sins are destroyed.	ਜੇ ਸਤਿਗੁਰੂ ਮਿਲ ਪਏ ਤਾਂ ਉਹ ਪ੍ਰਭੂ ਦਾ ਨਾਮ (ਹਿਰਦੇ ਵਿਚ) ਪੱਕਾ ਬਿਠਾ ਦੇਂਦਾ ਹੈ (ਗੁਰੂ ਇਹ ਗੱਲ ਨਿਸ਼ਚੇ ਕਰਾ ਦੇਂਦਾ ਹੈ ਕਿ) 'ਨਾਮ' ਸਾਰੇ ਪਾਪਾਂ ਨੂੰ ਕੱਟਣ ਦੇ ਸਮਰੱਥ ਹੈ।
40763	950	ਨਾਮੁ ਜਪੇ ਨਾਮੋ ਆਰਾਧੇ ਤਿਸੁ ਜਨ ਕਉ ਕਰਹੁ ਸਭਿ ਨਮਸਕਾਰੁ॥		Naam Japae Naamo Aaraadhhae This Jan Ko Karahu Sabh Namasakaar ||	Let all bow in humility to that humble being who chants the Naam, and worships the Naam in adoration.	(ਸੋ, ਗੁਰੂ ਦੇ ਸਨਮੁਖ ਹੋ ਕੇ) ਜੋ ਮਨੁੱਖ ਨਾਮ ਜਪਦਾ ਹੈ ਨਾਮ ਹੀ ਸਿਮਰਦਾ ਹੈ ਉਸ ਮਨੁੱਖ ਨੂੰ ਸਾਰੇ ਸਿਰ ਨਿਵਾਓ,
40764	951	ਮਲੁ ਕੂੜੀ ਨਾਮਿ ਉਤਾਰੀਅਨੁ ਜਪਿ ਨਾਮੁ ਹੋਆ ਸਚਿਆਰੁ॥	ਉਤਾਰੀ-ਅਨੁ	Mal Koorree Naam Outhaareean Jap Naam Hoaa Sachiaar ||	The Naam washes off the filth of falsehood; chanting the Naam, one becomes truthful.	ਕੂੜੇ ਪਦਾਰਥਾਂ (ਦੇ ਮੋਹ) ਦੀ ਮੈਲ ਉਸ ਮਨੁੱਖ ਨੇ ਪ੍ਰਭੂ ਦੇ ਨਾਮ ਦੀ ਰਾਹੀਂ ਉਤਾਰ ਲਈ ਹੈ, ਨਾਮ ਜਪ ਕੇ ਉਹ ਸੱਚ ਦਾ ਵਪਾਰੀ ਬਣ ਗਿਆ ਹੈ।

40765	951	ਜਨ ਨਾਨਕ ਜਿਸ ਦੇ ਏਹਿ ਚਲਤ ਹਹਿ ਸੋ ਜੀਵਉ ਦੇਵਣਹਾਰੁ॥੨॥		Jan Naanak Jis Dhae Eaehi Chalath Hehi So Jeevo Dhaevanehaar ||2||	O servant Nanak, wondrous are the plays of the Lord, the Giver of life. ||2||	ਹੇ ਦਾਸ ਨਾਨਕ! (ਅਰਦਾਸ ਕਰ ਕਿ) ਜਿਸ ਪ੍ਰਭੂ ਦੇ ਨਾਮ ਵਿਚ ਇਹ ਬਰਕਤਾਂ ਹਨ ਉਹ ਦਾਤਾ ਜੀਉਂਦਾ ਰਹੇ (ਭਾਵ, ਸਦਾ ਅਸਾਡੇ ਸਿਰ ਤੇ ਹੱਥ ਰੱਖੀ ਰੱਖੇ) ॥੨॥
40766	951	ਪਉੜੀ॥		Pourree ||	Pauree:	
40767	951	ਤੁਧੁ ਜੇਵਡੁ ਦਾਤਾ ਨਾਹਿ ਕਿਸੁ ਆਖਿ ਸੁਣਾਈਐ॥		Thudhh Jaevadd Dhaathaa Naahi Kis Aakh Sunaaeeai ||	You are the Great Giver; no other is as great as You. Unto whom should I speak and talk?	(ਹੇ ਪ੍ਰਭੂ!) ਤੇਰੇ ਜੇਡਾ ਕੋਈ ਦਾਤਾ ਨਹੀਂ, ਕਿਸ ਦੀ ਬਾਬਤ ਆਖ ਕੇ ਦੱਸੀਏ (ਕਿ ਉਹ ਤੇਰੇ ਜੇਡਾ ਦਾਤਾ ਹੈ)? (ਭਾਵ, ਸਭ ਦਾਤਾਂ ਤੈਥੋਂ ਮਿਲਦੀਆਂ ਹਨ, ਨਾਮ-ਅੰਮ੍ਰਿਤ ਦਾ ਦਾਤਾ ਭੀ ਤੂੰ ਹੀ ਹੈਂ।
40768	951	ਗੁਰ ਪਰਸਾਦੀ ਪਾਇ ਜਿਥਹੁ ਹਉਮੈ ਜਾਈਐ॥		Gur Parasaadhee Paae Jithhahu Houmai Jaaeeai ||	By Guru's Grace, I find You; You eradicate egotism from within.	('ਅੰਮ੍ਰਿਤ') ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ, ਜਿਥੋਂ (ਭਾਵ, ਗੁਰੂ ਤੋਂ ਹੀ) ਹਉਮੈ ਨਾਸ ਹੁੰਦੀ ਹੈ;
40769	951	ਰਸ ਕਸ ਸਾਦਾ ਬਾਹਰਾ ਸਚੀ ਵਡਿਆਈਐ॥	ਸਾਦਾਂ	Ras Kas Saadhaa Baaharaa Sachee Vaddiaaeeai ||	You are beyond sweet and salty flavors; True is Your glorious greatness.	(ਨਾਮ-ਅੰਮ੍ਰਿਤ ਦਾ ਦਾਤਾ ਪ੍ਰਭੂ) ਸਾਰੇ ਰਸਾਂ ਤੇ ਸੁਆਦਾਂ (ਦੇ ਪ੍ਰਭਾਵ) ਤੋਂ ਉਤਾਂਹ ਹੈ, ਉਸ ਦੀ ਬਜ਼ੁਰਗੀ ਸਦਾ ਕਾਇਮ ਰਹਿਣ ਵਾਲੀ ਹੈ।
40770	951	ਜਿਸ ਨੋ ਬਖਸੇ ਤਿਸੁ ਦੇਇ ਆਪਿ ਲਏ ਮਿਲਾਈਐ॥		Jis No Bakhasae This Dhaee Aap Leae Milaaeeai ||	You bless those whom You forgive, and unite them with Yourself.	ਪ੍ਰਭੂ ਜਿਸ ਉੱਤੇ ਮੇਹਰ ਕਰਦਾ ਹੈ ਉਸ ਨੂੰ (ਅੰਮ੍ਰਿਤ) ਬਖ਼ਸ਼ਦਾ ਹੈ ਤੇ ਉਸ ਨੂੰ ਆਪ ਹੀ (ਆਪਣੇ ਵਿਚ) ਜੋੜ ਲੈਂਦਾ ਹੈ।

40771	951	ਘਟ ਅੰਤਰਿ ਅੰਮ੍ਰਿਤੁ ਰਖਿਓਨੁ ਗੁਰਮੁਖਿ ਕਿਸੈ ਪਿਆਈ॥੯॥		Ghatt Anthar Anmrith Rakhioun Guramukh Kisai Piaaee ||9||	You have placed the Ambrosial Nectar deep within the heart; the Gurmukh drinks it in. ||9||	(ਉਂਞ ਤਾਂ ਇਹ) ਅੰਮ੍ਰਿਤ ਉਸ ਨੇ ਹਰੇਕ ਦੇ ਹਿਰਦੇ ਵਿਚ ਰੱਖਿਆ ਹੋਇਆ ਹੈ ਪਰ ਜਿਸ ਕਿਸੇ ਨੂੰ ਮਿਲਾਂਦਾ ਹੈ ਗੁਰੂ ਦੀ ਰਾਹੀਂ ਮਿਲਾਂਦਾ ਹੈ ॥੯॥
40772	951	ਸਲੋਕ ਮਃ ੩॥		Salok Ma 3 ||	Shalok, Third Mehl:	
40773	951	ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ॥	ਪੁੱਤ ਸ-ਪੁੱਤ	Baabaaneeaa Kehaaneeaa Puth Saputh Karaen ||	The stories of one's ancestors make the children good children.	ਸਤਿਗੁਰੂ ਦੀਆਂ ਸਾਖੀਆਂ (ਸਿੱਖ-) ਪੁਤ੍ਰਾਂ ਨੂੰ (ਗੁਰਮੁਖ) ਪੁੱਤਰ ਬਣਾ ਦੇਂਦੀਆਂ ਹਨ;
40774	951	ਜਿ ਸਤਿਗੁਰ ਭਾਵੈ ਸੁ ਮੰਨਿ ਲੈਨਿ ਸੇਈ ਕਰਮ ਕਰੇਨਿ॥		J Sathigur Bhaavai S Mann Lain Saeee Karam Karaen ||	They accept what is pleasing to the Will of the True Guru, and act accordingly.	(ਗੁਰ-ਸਾਖੀਆਂ ਦੀ ਬਰਕਤਿ ਨਾਲ, ਗੁਰਮੁਖ ਸਿੱਖ-ਪੁਤ੍ਰ) ਉਹਨਾਂ ਗੱਲਾਂ ਵਿਚ ਯਕੀਨ ਲਿਆਉਂਦੇ ਹਨ ਤੇ ਉਹ ਕੰਮ ਕਰਦੇ ਹਨ ਜੋ ਸਤਿਗੁਰੂ ਨੂੰ ਭਾਉਂਦੇ ਹਨ।
40775	951	ਜਾਇ ਪੁਛਹੁ ਸਿਮ੍ਰਿਤਿ ਸਾਸਤ ਬਿਆਸ ਸੁਕ ਨਾਰਦ ਬਚਨ ਸਭ ਸ੍ਰਿਸਟਿ ਕਰੇਨਿ॥	ਸਿਮ-ਰ੍ਿਤਿ	Jaae Pushhahu Simrith Saasath Biaas Suk Naaradh Bachan Sabh Srisatt Karaen ||	Go and consult the Simritees, the Shaastras, the writings of Vyaas, Suk Dayv, Naarad, and all those who preach to the world.	(ਜੇ ਇਸ ਗੱਲ ਦੀ ਤਸਦੀਕ ਕਰਨੀ ਹੋਵੇ ਤਾਂ ਪੁਰਾਤਨ ਧਰਮ-ਪੁਸਤਕ) ਸਿਮ੍ਰਿਤੀਆਂ ਤੇ ਸ਼ਾਸਤ੍ਰ (ਤੇ ਪੁਰਾਤਨ ਰਿਸ਼ੀ) ਵਿਆਸ ਸੁਕ ਤੇ ਨਾਰਦ (ਆਦਿਕਾਂ) ਨੂੰ ਪੁੱਛ ਵੇਖੋ (ਭਾਵ, ਉਹਨਾਂ ਦੀਆਂ ਲਿਖਤਾਂ ਪੜ੍ਹ ਵੇਖੋ) ਜੋ ਸਾਰੀ ਸ੍ਰਿਸ਼ਟੀ ਨੂੰ (ਸਾਂਝਾ) ਉਪਦੇਸ਼ ਕਰਦੇ ਰਹੇ ਹਨ।

40776	951	ਸਚੈ ਲਾਏ ਸਚਿ ਲਗੇ ਸਦਾ ਸਚੁ ਸਮਾਲੇਨਿ॥		Sachai Laaeae Sach Lagae Sadhaa Sach Samaalaen ||	Those, whom the True Lord attaches, are attached to the Truth; they contemplate the True Name forever.	ਜਿਨ੍ਹਾਂ ਨੂੰ ਸੱਚੇ ਪ੍ਰਭੂ ਨੇ (ਸਤਿਗੁਰੂ ਦੇ ਕੌਤਕਾਂ ਦੀ ਯਾਦ ਵਿਚ) ਲਾਇਆ, ਉਹ ਸੱਚੇ ਪ੍ਰਭੂ ਵਿਚ (ਭੀ) ਜੁੜੇ, ਉਹ ਸਦਾ ਸੱਚੇ ਪ੍ਰਭੂ ਨੂੰ (ਭੀ) ਚੇਤੇ ਰੱਖਦੇ ਹਨ।
40777	951	ਨਾਨਕ ਆਏ ਸੇ ਪਰਵਾਣੁ ਭਏ ਜਿ ਸਗਲੇ ਕੁਲ ਤਾਰੇਨਿ॥੧॥		Naanak Aaeae Sae Paravaan Bheae J Sagalae Kul Thaaraen ||1||	O Nanak, their coming into the world is approved; they redeem all their ancestors. ||1||	ਹੇ ਨਾਨਕ! (ਉਹ ਨਿਰੇ ਆਪ ਨਹੀਂ ਤਰੇ, ਆਪਣੀਆਂ) ਸਾਰੀਆਂ ਕੁਲਾਂ ਭੀ ਤਾਰਦੇ ਹਨ, ਉਹਨਾਂ ਦਾ ਹੀ ਜਗਤ ਵਿਚ ਆਉਣਾ ਕਬੂਲ ਹੈ ॥੧॥
40778	951	ਮਃ ੩॥		Ma 3 ||	Third Mehl:	
40779	951	ਗੁਰੂ ਜਿਨਾ ਕਾ ਅੰਧੁਲਾ ਸਿਖ ਭੀ ਅੰਧੇ ਕਰਮ ਕਰੇਨਿ॥		Guroo Jinaa Kaa Andhhulaa Sikh Bhee Andhhae Karam Karaen ||	The disciples whose teacher is blind, act blindly as well.	ਜਿਨ੍ਹਾਂ ਮਨੁੱਖਾਂ ਦਾ ਗੁਰੂ (ਆਪ) ਅਗਿਆਨੀ ਅੰਨ੍ਹਾ ਹੈ ਉਹ ਸਿੱਖ ਭੀ ਅੰਨ੍ਹੇ ਕੰਮ (ਭਾਵ, ਮੰਦੇ ਕੰਮ) ਹੀ ਕਰਦੇ ਹਨ।
40780	951	ਓਇ ਭਾਣੈ ਚਲਨਿ ਆਪਣੈ ਨਿਤ ਝੂਠੋ ਝੂਠੁ ਬੋਲੇਨਿ॥		Oue Bhaanai Chalan Aapanai Nith Jhootho Jhooth Bolaen ||	They walk according to their own wills, and continually speak falsehood and lies.	(ਅੰਨ੍ਹੇ ਗੁਰੂ ਦੇ) ਉਹ (ਸਿੱਖ) ਆਪਣੀ ਮਰਜ਼ੀ ਦੇ ਮਗਰ ਲੱਗਦੇ ਹਨ, ਤੇ ਸਦਾ ਝੂਠ ਬੋਲਦੇ ਹਨ।

40781	951	ਕੂੜੁ ਕੁਸਤੁ ਕਮਾਵਦੇ ਪਰ ਨਿੰਦਾ ਸਦਾ ਕਰੇਨਿ॥	ਕੁਸੱਤੁ	Koorr Kusath Kamaavadhae Par Nindhaa Sadhaa Karaen ||	They practice falsehood and deception, and endlessly slander others.	ਝੂਠ ਤੇ ਠੱਗੀ ਕਮਾਂਦੇ ਹਨ, ਸਦਾ ਦੂਜਿਆਂ ਦੀ ਨਿੰਦਿਆ ਕਰਦੇ ਹਨ;
40782	951	ਓਇ ਆਪਿ ਡੁਬੇ ਪਰ ਨਿੰਦਕਾ ਸਗਲੇ ਕੁਲ ਡੋਬੇਨਿ॥		Oue Aap Ddubae Par Nindhakaa Sagalae Kul Ddobaen ||	Slandering others, they drown themselves, and drown all their generations as well.	ਦੂਜਿਆਂ ਦੀ ਨਿੰਦਾ ਕਰਨ ਵਾਲੇ ਉਹ ਮਨੁੱਖ ਆਪ ਭੀ ਡੁੱਬਦੇ ਹਨ ਤੇ ਆਪਣੀਆਂ ਸਾਰੀਆਂ ਕੁਲਾਂ ਭੀ ਗ਼ਰਕ ਕਰਦੇ ਹਨ।
40783	951	ਨਾਨਕ ਜਿਤੁ ਓਇ ਲਾਏ ਤਿਤੁ ਲਗੇ ਉਇ ਬਪੁੜੇ ਕਿਆ ਕਰੇਨਿ॥੨॥		Naanak Jith Oue Laaeae Thith Lagae Oue Bapurrae Kiaa Karaen ||2||	O Nanak, whatever the Lord links them to, to that they are linked; what can the poor creatures do? ||2||	(ਪਰ) ਹੇ ਨਾਨਕ! ਉਹ ਬਿਚਾਰੇ ਕਰਨ ਭੀ ਕੀਹ? ਜਿਧਰ ਉਹਨਾਂ ਨੂੰ (ਪ੍ਰਭੂ ਨੇ) ਲਾਇਆ ਹੈ ਉਹ ਓਧਰ ਹੀ ਲੱਗੇ ਹੋਏ ਹਨ ॥੨॥
40784	951	ਪਉੜੀ॥		Pourree ||	Pauree:	
40785	951	ਸਭ ਨਦਰੀ ਅੰਦਰਿ ਰਖਦਾ ਜੇਤੀ ਸਿਸਟਿ ਸਭ ਕੀਤੀ॥		Sabh Nadharee Andhar Rakhadhaa Jaethee Sisatt Sabh Keethee ||	He keeps all under His Gaze; He created the entire Universe.	(ਪ੍ਰਭੂ ਨੇ) ਜਿਤਨੀ ਸ੍ਰਿਸ਼ਟੀ ਪੈਦਾ ਕੀਤੀ ਹੈ, ਉਸ ਸਾਰੀ ਨੂੰ ਆਪਣੀ ਨਜ਼ਰ ਹੇਠ ਰੱਖਦਾ ਹੈ।

40786	951	ਇਕਿ ਕੂੜਿ ਕੁਸਤਿ ਲਾਇਅਨੁ ਮਨਮੁਖ ਵਿਗੂਤੀ॥	ਕੁਸੱਤਿ	Eik Koorr Kusath Laaeian Manamukh Vigoothee ||	He has linked some to falsehood and deception; these self-willed manmukhs are plundered.	ਉਸ ਨੇ ਕਈ ਜੀਵਾਂ ਨੂੰ ਝੂਠ ਤੇ ਠੱਗੀ ਵਿਚ ਲਾ ਰੱਖਿਆ ਹੈ, ਉਹ ਜੀਵ ਆਪਣੇ ਮਨ ਦੇ ਪਿੱਛੇ ਤੁਰ ਕੇ ਖ਼ੁਆਰ ਹੋ ਰਹੇ ਹਨ।
40787	951	ਗੁਰਮੁਖਿ ਸਦਾ ਧਿਆਈਐ ਅੰਦਰਿ ਹਰਿ ਪ੍ਰੀਤੀ॥		Guramukh Sadhaa Dhhiaaeeai Andhar Har Preethee ||	The Gurmukhs meditate on the Lord forever; their inner beings are filled with love.	ਜੋ ਮਨੁੱਖ ਗੁਰੂ ਦੇ ਹੁਕਮ ਵਿਚ ਤੁਰਦੇ ਹਨ ਉਹ ਸਦਾ ਪ੍ਰਭੂ ਨੂੰ ਧਿਆਉਂਦੇ ਹਨ ਕਿਉਂਕਿ ਉਹਨਾਂ ਦੇ ਹਿਰਦੇ ਵਿਚ ਪ੍ਰਭੂ ਦੀ ਪ੍ਰੀਤ ਹੈ।
40788	951	ਜਿਨ ਕਉ ਪੋਤੈ ਪੁੰਨੁ ਹੈ ਤਿਨ੍ਹ ਵਾਤਿ ਸਿਪੀਤੀ॥	(ਪੋਤੈ) ਖ਼ਜਾਨੇ। (ਵਾਤਿ) ਮੁਖ। (ਸਿਪੀਤੀ) ਸਿਫ਼ਤੀ	Jin Ko Pothai Punn Hai Thinh Vaath Sipeethee ||	Those who have the treasure of virtue, chant the Praises of the Lord.	ਜਿਨ੍ਹਾਂ ਦੇ ਪੱਲੇ (ਕੋਈ ਪਿਛਲੀ ਕੀਤੀ) ਭਲਾਈ ਹੈ ਉਹਨਾਂ ਦੇ ਮੂੰਹ ਵਿਚ (ਪ੍ਰਭੂ ਦੀ) ਸਿਫ਼ਤ-ਸਾਲਾਹ ਟਿਕੀ ਰਹਿੰਦੀ ਹੈ।
40789	951	ਨਾਨਕ ਨਾਮੁ ਧਿਆਈਐ ਸਚੁ ਸਿਫਤਿ ਸਨਾਈ॥੧੦॥		Naanak Naam Dhhiaaeeai Sach Sifath Sanaaee ||10||	O Nanak, meditate on the Naam, and the Glorious Praises of the True Lord. ||10||	ਹੇ ਨਾਨਕ! ਨਾਮ ਹੀ ਸਿਮਰਨਾ ਚਾਹੀਦਾ ਹੈ। ਪਰਮਾਤਮਾ ਦੀ ਸਿਫ਼ਤ-ਸਾਲਾਹ ਹੀ ਸਦਾ ਕਾਇਮ ਰਹਿਣ ਵਾਲੀ ਚੀਜ਼ ਹੈ ॥੧੦॥
40790	951	ਸਲੋਕੁ ਮਃ ੧॥		Salok Ma 1 ||	Shalok, First Mehl:	
40791	951	ਸਤੀ ਪਾਪੁ ਕਰਿ ਸਤੁ ਕਮਾਹਿ॥	ਸਤੀ ਸਤੁ: ਪੋਲੇ ਬੋਲੋ	Sathee Paap Kar Sath Kamaahi ||	Men of charity gather wealth by committing sins, and then give it away in donations to charity.	ਜੋ ਮਨੁੱਖ ਆਪਣੇ ਆਪ ਨੂੰ ਧਰਮੀ (ਭਾਵ, ਸੁੱਚੇ ਆਚਰਨ ਵਾਲੇ) ਅਖਵਾਂਦੇ ਹਨ ਉਹ (ਲੁਕ ਕੇ) ਵਿਕਾਰ ਕਰ ਕੇ ਭੀ (ਬਾਹਰ) ਜ਼ਾਹਰ ਇਹੀ ਕਰਦੇ ਹਨ ਕਿ ਧਰਮ ਕਮਾ ਰਹੇ ਹਨ।

40792	951	ਗੁਰ ਦੀਖਿਆ ਘਰਿ ਦੇਵਣ ਜਾਹਿ॥		Gur Dheekhiaa Ghar Dhaevan Jaahi ||	Their spiritual teachers go to their homes to instruct them.	(ਆਪਣੇ ਆਪ ਨੂੰ) ਗੁਰੂ (ਕਹਾਣ ਵਾਲੇ) (ਮਾਇਆ ਦੀ ਖ਼ਾਤਰ) ਚੇਲਿਆਂ ਦੇ ਘਰ ਵਿਚ ਸਿੱਖਿਆ ਦੇਣ ਜਾਂਦੇ ਹਨ।
40793	951	ਇਸਤਰੀ ਪੁਰਖੈ ਖਟਿਐ ਭਾਉ॥	ਖੱਟਿਐ।	Eisatharee Purakhai Khattiai Bhaao ||	The woman loves the man only for his wealth;	(ਅਖਵਾਂਦੀ ਪਤਿਬ੍ਰਤਾ ਹੈ ਪਰ) ਇਸਤ੍ਰੀ ਦਾ ਆਪਣੇ ਪਤੀ ਨਾਲ ਪਿਆਰ ਤਾਂ ਹੀ ਹੈ ਜੇ ਉਹ ਖੱਟ ਕੇ ਲਿਆਵੇ,
40794	951	ਭਾਵੈ ਆਵਉ ਭਾਵੈ ਜਾਉ॥		Bhaavai Aavo Bhaavai Jaao ||	They come and go as they please.	(ਨਹੀਂ ਤਾਂ) ਪਤੀ ਚਾਹੇ ਘਰ ਆਵੇ ਚਾਹੇ ਚਲਾ ਜਾਏ (ਇਸਤ੍ਰੀ ਪਰਵਾਹ ਨਹੀਂ ਕਰਦੀ)।
40795	951	ਸਾਸਤੁ ਬੇਦੁ ਨ ਮਾਨੈ ਕੋਇ॥		Saasath Baedh N Maanai Koe ||	No one obeys the Shaastras or the Vedas.	(ਬ੍ਰਾਹਮਣ ਦਾ ਹਾਲ ਤੱਕੋ) ਕੋਈ ਭੀ ਵੇਦ ਸ਼ਾਸਤ੍ਰ ਨਹੀਂ ਮੰਨ ਰਿਹਾ,
40796	951	ਆਪੋ ਆਪੈ ਪੂਜਾ ਹੋਇ॥		Aapo Aapai Poojaa Hoe ||	Everyone worships himself.	ਆਪੋ ਆਪਣੀ ਗ਼ਰਜ਼ ਦੀ ਹੀ ਪੂਜਾ ਹੋ ਰਹੀ ਹੈ।
40797	951	ਕਾਜੀ ਹੋਇ ਕੈ ਬਹੈ ਨਿਆਇ॥		Kaajee Hoe Kai Behai Niaae ||	Becoming judges, they sit and administer justice.	ਕਾਜ਼ੀ ਬਣ ਕੇ (ਦੂਜਿਆਂ ਦਾ) ਨਿਆਂ ਕਰਨ ਬੈਠਦਾ ਹੈ,
40798	951	ਫੇਰੇ ਤਸਬੀ ਕਰੇ ਖੁਦਾਇ॥		Faerae Thasabee Karae Khudhaae ||	They chant on their malas, and call upon God.	ਤਸਬੀ ਫੇਰਦਾ ਹੈ ਖ਼ੁਦਾ ਖ਼ੁਦਾ ਆਖਦਾ ਹੈ,
40799	951	ਵਢੀ ਲੈ ਕੈ ਹਕੁ ਗਵਾਏ॥	ਵੱਢੀ	Vadtee Lai Kai Hak Gavaaeae ||	They accept bribes, and block justice.	(ਪਰ ਨਿਆਂ ਕਰਨ ਵੇਲੇ) ਵੱਢੀ ਲੈ ਕੇ (ਦੂਜੇ ਦਾ) ਹੱਕ ਮਾਰਦਾ ਹੈ,

40800	951	ਜੇ ਕੋ ਪੁਛੈ ਤਾ ਪੜਿ ਸੁਣਾਏ॥	ਪੜ੍ਹਿ	Jae Ko Pushhai Thaa Parr Sunaaeae ||	If someone asks them, they read quotations from their books.	ਜੇ ਕੋਈ (ਉਸ ਦੇ ਇਸ ਕੰਮ ਤੇ) ਇਤਰਾਜ਼ ਕਰੇ ਤਾਂ (ਕੋਈ ਨ ਕੋਈ ਸ਼ਰ੍ਹਾ ਦੀ ਗੱਲ) ਪੜ੍ਹ ਕੇ ਸੁਣਾ ਦੇਂਦਾ ਹੈ।
40801	951	ਤੁਰਕ ਮੰਤ੍ਰੁ ਕਨਿ ਰਿਦੈ ਸਮਾਹਿ॥	ਹਿੰਦੂ ਜਦੋਂ ਫ਼ਾਰਸੀ ਪੜ੍ਹਨ ਲੱਗਦਾ, ਪਹਿਲਾਂ ਤੁਰਕ ਕੰਨ ਚ ਕਲਮਾ ਮੰਤ੍ਰ ਸੁਣਾਉਂਦਾ। ਮੁਸਲਮਾਨੀ ਰਾਜ ਸਮੇਂ ਦਾਈਆਂ ਮੁਸਲਮਾਨ ਲਾਈਆਂ ਜਾਂਦੀਆਂ, ਜੋ ਜੰਮਦੇ ਬੱਚੇ ਦੇ ਕੰਨ ਚ , ਕਲਮਾ ਸੁਣਾ ਦਿੰਦੀਆਂ, ਬੱਚਾ ਤੁਰਕ ਬਣ ਜਾਂਦਾ। (ਸਮਾਹਿ) ਸਮਾਉਂਦਾ ਹੈ। ਕੰਨਿ	Thurak Manthra Kan Ridhai Samaahi ||	The Muslim scriptures are in their ears and in their hearts.	(ਹਿੰਦੂ ਆਗੂਆਂ ਦਾ ਹਾਲ ਤੱਕੋ, ਆਪਣੇ) ਕੰਨ ਤੇ ਹਿਰਦੇ ਵਿਚ (ਤਾਂ) ਤੁਰਕ (ਹਾਕਮਾਂ) ਦਾ ਹੁਕਮ ਟਿਕਾਈ ਰੱਖਦੇ ਹਨ,
40802	951	ਲੋਕ ਮੁਹਾਵਹਿ ਚਾੜੀ ਖਾਹਿ॥		Lok Muhaavehi Chaarree Khaahi ||	They plunder the people, and engage in gossip and flattery.	ਲੋਕਾਂ ਨੂੰ ਲੁਟਾਂਦੇ ਹਨ ਉਹਨਾਂ ਦੀ ਚੁਗ਼ਲੀ (ਹਾਕਮਾਂ ਪਾਸ) ਕਰਦੇ ਹਨ।
40803	951	ਚਉਕਾ ਦੇ ਕੈ ਸੁਚਾ ਹੋਇ॥		Choukaa Dhae Kai Suchaa Hoe ||	They anoint their kitchens to try to become pure.	(ਨਿਰਾ) ਚੌਕਾ ਦੇ ਕੇ ਹੀ ਜੋ ਸੁੱਚਾ ਬਣਿਆ ਫਿਰਦਾ ਹੈ,
40804	951	ਐਸਾ ਹਿੰਦੂ ਵੇਖਹੁ ਕੋਇ॥		Aisaa Hindhoo Vaekhahu Koe ||	Behold, such is the Hindu.	ਵੇਖੋ ਐਸੇ ਹਿੰਦੂ ਵਲ!

40805	951	ਜੋਗੀ ਗਿਰਹੀ ਜਟਾ ਬਿਭੂਤ॥		Jogee Girehee Jattaa Bibhooth ||	The Yogi, with matted hair and ashes on his body, has become a householder.	ਜੋਗੀ ਨੇ ਜਟਾਂ ਰੱਖੀਆਂ ਹੋਈਆਂ ਹਨ, ਸੁਆਹ ਭੀ ਮਲੀ ਹੋਈ ਹੈ,
40806	951	ਆਗੈ ਪਾਛੈ ਰੋਵਹਿ ਪੂਤ॥		Aagai Paashhai Rovehi Pooth ||	The children weep in front of him and behind him.	ਪਰ ਹੈ ਗ੍ਰਿਹਸਤੀ, ਉਸ ਦੇ ਅੱਗੇ ਪਿੱਛੇ ਅੰਞਾਣੇ ਰੋਂਦੇ ਫਿਰਦੇ ਹਨ।
40807	951	ਜੋਗੁ ਨ ਪਾਇਆ ਜੁਗਤਿ ਗਵਾਈ॥		Jog N Paaeiaa Jugath Gavaaee ||	He does not attain Yoga - he has lost his way.	ਜੋਗ-ਮਾਰਗ ਭੀ ਨਾਹ ਲੱਭਾ ਤੇ ਜੀਉਣ ਦੀ ਜੁਗਤਿ ਭੀ ਗਵਾ ਬੈਠਾ ਹੈ।
40808	951	ਕਿਤੁ ਕਾਰਣਿ ਸਿਰਿ ਛਾਈ ਪਾਈ॥		Kith Kaaran Sir Shhaaee Paaee ||	Why does he apply ashes to his forehead?	ਸਿਰ ਉਤੇ ਸੁਆਹ ਉਸ ਨੇ ਕਾਹਦੇ ਲਈ ਪਾਈ ਹੈ?
40809	951	ਨਾਨਕ ਕਲਿ ਕਾ ਏਹੁ ਪਰਵਾਣੁ॥		Naanak Kal Kaa Eaehu Paravaan ||	O Nanak, this is the sign of the Dark Age of Kali Yuga;	ਹੇ ਨਾਨਕ! ਇਹ ਹੈ ਕਲਿਜੁਗ ਦਾ ਪ੍ਰਭਾਵ,
40810	951	ਆਪੇ ਆਖਣੁ ਆਪੇ ਜਾਣੁ॥੧॥		Aapae Aakhan Aapae Jaan ||1||	Everyone says that he himself knows. ||1||	ਕਿ ਕਲਿਜੁਗ ਆਪ ਹੀ (ਭਾਵ, ਕਲਿਜੁਗੀ ਸੁਭਾਵ ਵਾਲਾ ਬੰਦਾ ਆਪ ਹੀ) ਚੌਧਰੀ ਹੈ ਤੇ ਆਪ ਹੀ ਆਪਣੀ ਕਰਤੂਤ ਦੀ ਵਡਿਆਈ ਕਰਨ ਵਾਲਾ ਹੈ ॥੧॥
40811	951	ਮਃ ੧॥		Ma 1 ||	First Mehl:	
40812	951	ਹਿੰਦੂ ਕੈ ਘਰਿ ਹਿੰਦੂ ਆਵੈ॥		Hindhoo Kai Ghar Hindhoo Aavai ||	The Hindu comes to the house of a Hindu.	(ਕਿਸੇ ਖਤ੍ਰੀ ਆਦਿਕ) ਹਿੰਦੂ ਦੇ ਘਰ ਵਿਚ ਬ੍ਰਾਹਮਣ ਆਉਂਦਾ ਹੈ,

40813	951	ਸੂਤੁ ਜਨੇਊ ਪੜਿ ਗਲਿ ਪਾਵੈ॥	ਪੜ੍ਹਿ	Sooth Janaeoo Parr Gal Paavai ||	He puts the sacred thread around his neck and reads the scriptures.	ਤੇ (ਮੰਤ੍ਰ ਆਦਿਕ) ਪੜ੍ਹ ਕੇ (ਉਸ ਖੱਤ੍ਰੀ ਦੇ) ਗਲ ਵਿਚ ਧਾਗਾ ਜਨੇਊ ਪਾ ਦੇਂਦਾ ਹੈ।
40814	951	ਸੂਤੁ ਪਾਇ ਕਰੇ ਬੁਰਿਆਈ॥		Sooth Paae Karae Buriaaee ||	He puts on the thread, but does evil deeds.	(ਇਹ ਮਨੁੱਖ ਜਨੇਊ ਤਾਂ ਪਾ ਲੈਂਦਾ ਹੈ, ਪਰ) ਜਨੇਊ ਪਾ ਕੇ ਭੀ ਮੰਦ-ਕਰਮ ਕਰੀ ਜਾਂਦਾ ਹੈ।
40815	951	ਨਾਤਾ ਧੋਤਾ ਥਾਇ ਨ ਪਾਈ॥		Naathaa Dhothaa Thhaae N Paaee ||	His cleansings and washings will not be approved.	(ਇਸ ਤਰ੍ਹਾਂ ਨਿੱਤ) ਨ੍ਹਾਉਣ ਧੋਣ ਨਾਲ ਉਹ (ਪ੍ਰਭੂ ਦੇ ਦਰ ਤੇ) ਕਬੂਲ ਨਹੀਂ ਹੋ ਜਾਂਦਾ।
40816	951	ਮੁਸਲਮਾਨੁ ਕਰੇ ਵਡਿਆਈ॥		Musalamaan Karae Vaddiaaee ||	The Muslim glorifies his own faith.	ਮੁਸਲਮਾਨ ਮਨੁੱਖ (ਦੀਨ ਦੀ) ਵਡਿਆਈ ਕਰਦਾ ਹੈ,
40817	952	ਵਿਣੁ ਗੁਰ ਪੀਰੈ ਕੋ ਥਾਇ ਨ ਪਾਈ॥		Vin Gur Peerai Ko Thhaae N Paaee ||	Without the Guru or a spiritual teacher, no one is accepted.	ਪਰ ਜੇ ਗੁਰੂ ਪੀਰ ਦੇ ਹੁਕਮ ਵਿਚ ਨਹੀਂ ਤੁਰਦਾ ਤਾਂ (ਦਰਗਾਹ ਵਿਚ) ਕਬੂਲ ਨਹੀਂ ਹੋ ਸਕਦਾ।
40818	952	ਰਾਹੁ ਦਸਾਇ ਓਥੈ ਕੋ ਜਾਇ॥		Raahu Dhasaae Outhhai Ko Jaae ||	They may be shown the way, but only a few go there.	(ਬਹਿਸ਼ਤ ਦਾ) ਰਸਤਾ ਤਾਂ ਹਰ ਕੋਈ ਪੁੱਛਦਾ ਹੈ ਪਰ ਉਸ ਰਸਤੇ ਉਤੇ ਤੁਰਦਾ ਕੋਈ ਵਿਰਲਾ ਹੈ,
40819	952	ਕਰਣੀ ਬਾਝਹੁ ਭਿਸਤਿ ਨ ਪਾਇ॥		Karanee Baajhahu Bhisath N Paae ||	Without the karma of good actions, heaven is not attained.	ਤੇ ਨੇਕ ਅਮਲਾਂ ਤੋਂ ਬਿਨਾ ਬਹਿਸ਼ਤ ਮਿਲਦਾ ਨਹੀਂ ਹੈ।
40820	952	ਜੋਗੀ ਕੈ ਘਰਿ ਜੁਗਤਿ ਦਸਾਈ॥		Jogee Kai Ghar Jugath Dhasaaee ||	The Way of Yoga is demonstrated in the Yogi's monastery.	ਜੋਗੀ ਦੇ ਡੇਰੇ ਤੇ (ਮਨੁੱਖ ਜੋਗ ਦੀ) ਜੁਗਤਿ ਪੁੱਛਣ ਜਾਂਦਾ ਹੈ,

40821	952	ਤਿਤੁ ਕਾਰਣਿ ਕਨਿ ਮੁੰਦ੍ਰਾ ਪਾਈ॥		Thith Kaaran Kan Mundhraa Paaee ||	They wear ear-rings to show the way.	ਉਸ ('ਜੁਗਤਿ') ਦੀ ਖ਼ਾਤਰ ਕੰਨ ਵਿਚ ਮੁੰਦ੍ਰਾਂ ਪਾ ਲੈਂਦਾ ਹੈ;
40822	952	ਮੁੰਦ੍ਰਾ ਪਾਇ ਫਿਰੈ ਸੰਸਾਰਿ॥		Mundhraa Paae Firai Sansaar ||	Wearing ear-rings, they wander around the world.	ਮੁੰਦ੍ਰਾਂ ਪਾ ਕੇ ਸੰਸਾਰ ਵਿਚ ਚੱਕਰ ਲਾਂਦਾ ਹੈ (ਭਾਵ, ਗ੍ਰਿਹਸਤ ਛੱਡ ਕੇ ਬਾਹਰ ਜਗਤ ਵਿਚ ਭਉਂਦਾ ਹੈ)।
40823	952	ਜਿਥੈ ਕਿਥੈ ਸਿਰਜਣਹਾਰੁ॥		Jithhai Kithhai Sirajanehaar ||	The Creator Lord is everywhere.	ਪਰ ਸਿਰਜਣਹਾਰ ਤਾਂ ਹਰ ਥਾਂ ਮੌਜੂਦ ਹੈ (ਬਾਹਰ ਜੰਗਲਾਂ ਵਿਚ ਭਾਲਣਾ ਵਿਅਰਥ ਹੈ)।
40824	952	ਜੇਤੇ ਜੀਅ ਤੇਤੇ ਵਾਟਾਊ॥		Jaethae Jeea Thaethae Vaattaaoo ||	There are as many travellers as there are beings.	(ਜਗਤ ਵਿਚ) ਜਿਤਨੇ ਭੀ ਜੀਵ (ਆਉਂਦੇ) ਹਨ ਸਾਰੇ ਮੁਸਾਫ਼ਿਰ ਹਨ,
40825	952	ਚੀਰੀ ਆਈ ਢਿਲ ਨ ਕਾਊ॥		Cheeree Aaee Dtil N Kaaoo ||	When one's death warrant is issued, there is no delay.	ਜਿਸ ਜਿਸ ਨੂੰ ਸੱਦਾ ਆਉਂਦਾ ਹੈ ਉਹ ਇਥੇ ਢਿੱਲ ਨਹੀਂ ਲਾ ਸਕਦਾ।
40826	952	ਏਥੈ ਜਾਣੈ ਸੁ ਜਾਇ ਸਿਞਾਣੈ॥		Eaethhai Jaanai S Jaae Sinjaanai ||	One who knows the Lord here, realizes Him there as well.	ਜਿਸ ਨੇ ਇਸ ਜਨਮ ਵਿਚ ਰੱਬ ਨੂੰ ਪਛਾਣ ਲਿਆ ਹੈ ਉਹ (ਪਰਲੋਕ ਵਿਚ) ਜਾ ਕੇ ਭੀ ਪਛਾਣ ਲੈਂਦਾ ਹੈ।
40827	952	ਹੋਰੁ ਫਕੜੁ ਹਿੰਦੂ ਮੁਸਲਮਾਣੈ॥	ਫੱਕੜੁ	Hor Fakarr Hindhoo Musalamaanai ||	Others, whether Hindu or Muslim, are just babbling.	(ਜੇ ਇਹ ਉੱਦਮ ਨਹੀਂ ਕੀਤਾ ਤਾਂ) ਹੋਰ ਦਾਹਵਾ ਕਿ ਮੈਂ ਹਿੰਦੂ ਹਾਂ ਜਾਂ ਮੁਸਲਮਾਨ ਹਾਂ ਸਭ ਫੋਕਾ ਹੈ।
40828	952	ਸਭਨਾ ਕਾ ਦਰਿ ਲੇਖਾ ਹੋਇ॥		Sabhanaa Kaa Dhar Laekhaa Hoe ||	Everyone's account is read in the Court of the Lord;	(ਹਿੰਦੂ ਹੋਵੇ ਚਾਹੇ ਮੁਸਲਮਾਨ) ਹਰੇਕ ਦੇ ਅਮਲਾਂ ਦਾ ਲੇਖਾ ਪ੍ਰਭੂ ਦੀ ਹਜ਼ੂਰੀ ਵਿਚ ਹੁੰਦਾ ਹੈ।

40829	952	ਕਰਣੀ ਬਾਝਹੁ ਤਰੈ ਨ ਕੋਇ॥	(ਬਾਝਹੁ) ਕਸਕੇ	Karanee Baajhahu Tharai N Koe ||	Without the karma of good actions, no one crosses over.	ਆਪਣੇ ਨੇਕ ਅਮਲਾਂ ਤੋਂ ਬਿਨਾ ਕਦੇ ਕੋਈ ਪਾਰ ਨਹੀਂ ਲੰਘਿਆ।
40830	952	ਸਚੋ ਸਚੁ ਵਖਾਣੈ ਕੋਇ॥		Sacho Sach Vakhaanai Koe ||	One who speaks the True Name of the True Lord,	ਜੋ ਮਨੁੱਖ (ਐਸ ਜਨਮ ਵਿਚ) ਕੇਵਲ ਸੱਚੇ ਰੱਬ ਨੂੰ ਯਾਦ ਕਰਦਾ ਹੈ,
40831	952	ਨਾਨਕ ਅਗੈ ਪੁਛ ਨ ਹੋਇ॥੨॥		Naanak Agai Pushh N Hoe ||2||	O Nanak, is not called to account hereafter. ||2||	ਹੇ ਨਾਨਕ! ਪਰਲੋਕ ਵਿਚ ਉਸ ਨੂੰ ਲੇਖਾ ਨਹੀਂ ਪੁੱਛਿਆ ਜਾਂਦਾ ॥੨॥
40832	952	ਪਉੜੀ॥		Pourree ||	Pauree:	
40833	952	ਹਰਿ ਕਾ ਮੰਦਰੁ ਆਖੀਐ ਕਾਇਆ ਕੋਟੁ ਗੜੁ॥	ਗੜ੍	Har Kaa Mandhar Aakheeai Kaaeiaa Kott Garr ||	The fortress of the body is called the Mansion of the Lord.	ਇਸ ਸਰੀਰ ਨੂੰ ਪਰਮਾਤਮਾ ਦੇ ਰਹਿਣ ਲਈ ਸੋਹਣਾ ਘਰ ਆਖਣਾ ਚਾਹੀਦਾ ਹੈ, ਕਿਲ੍ਹਾ ਗੜ੍ਹ ਕਹਿਣਾ ਚਾਹੀਦਾ ਹੈ।
40834	952	ਅੰਦਰਿ ਲਾਲ ਜਵੇਹਰੀ ਗੁਰਮੁਖਿ ਹਰਿ ਨਾਮੁ ਪੜੁ॥	ਪੜ੍	Andhar Laal Javaeharee Guramukh Har Naam Parr ||	The rubies and gems are found within it; the Gurmukh chants the Name of the Lord.	ਜੇ ਗੁਰੂ ਦੇ ਹੁਕਮ ਵਿਚ ਤੁਰ ਕੇ ਪਰਮਾਤਮਾ ਦਾ ਨਾਮ ਜਪੇਗੇ ਤਾਂ ਇਸ ਸਰੀਰ ਦੇ ਅੰਦਰੋਂ ਹੀ ਚੰਗੇ ਗੁਣ-ਰੂਪ ਲਾਲ ਜਵਾਹਰ ਮਿਲ ਜਾਣਗੇ।
40835	952	ਹਰਿ ਕਾ ਮੰਦਰੁ ਸਰੀਰੁ ਅਤਿ ਸੋਹਣਾ ਹਰਿ ਹਰਿ ਨਾਮੁ ਦਿੜੁ॥		Har Kaa Mandhar Sareer Ath Sohanaa Har Har Naam Dhirr ||	The body, the Mansion of the Lord, is very beautiful, when the Name of the Lord, Har, Har, is implanted deep within.	(ਹੇ ਮਨ!) ਪਰਮਾਤਮਾ ਦਾ ਨਾਮ (ਹਿਰਦੇ ਵਿਚ) ਪੱਕਾ ਕਰ ਕੇ ਰੱਖ, ਤਾਂ ਹੀ ਇਹ ਸਰੀਰ ਇਹ ਪ੍ਰਭੂ-ਦਾ-ਮੰਦਰ ਬੜਾ ਸੋਹਣਾ ਹੋ ਸਕਦਾ ਹੈ।

40836	952	ਮਨਮੁਖ ਆਪਿ ਖੁਆਇਅਨੁ ਮਾਇਆ ਮੋਹ ਨਿਤ ਕਰੂ॥		Manamukh Aap Khuaaeian Maaeiaa Moh Nith Karr ||	The self-willed manmukhs ruin themselves; they boil continuously in attachment to Maya.	(ਪਰ) ਜੋ ਮਨੁੱਖ ਆਪਣੇ ਮਨ ਦੇ ਮਗਰ ਤੁਰਦੇ ਹਨ ਉਹਨਾਂ ਨੂੰ ਪ੍ਰਭੂ ਨੇ ਆਪ ਖੁੰਝਾ ਦਿੱਤਾ ਹੈ ਉਹਨਾਂ ਨੂੰ ਮਾਇਆ ਦੇ ਮੋਹ ਦਾ ਝੋਰਾ ਨਿੱਤ (ਦੁਖੀ ਕਰਦਾ ਹੈ)।
40837	952	ਸਭਨਾ ਸਾਹਿਬੁ ਏਕੁ ਹੈ ਪੂਰੈ ਭਾਗਿ ਪਾਇਆ ਜਾਈ॥੧੧॥		Sabhanaa Saahib Eaek Hai Poorai Bhaag Paaeiaa Jaaee ||11||	The One Lord is the Master of all. He is found only by perfect destiny. ||11||	ਸਾਰੇ ਜੀਵਾਂ ਦਾ ਮਾਲਕ ਉਹੀ ਇਕ ਪਰਮਾਤਮਾ ਹੈ, ਪਰ ਮਿਲਦਾ ਪੂਰੀ ਕਿਸਮਤ ਨਾਲ ਹੈ ॥੧੧॥
40838	952	ਸਲੋਕ ਮਃ ੧॥		Salok Ma 1 ||	Shalok, First Mehl:	
40839	952	ਨਾ ਸਤਿ ਦੁਖੀਆ ਨਾ ਸਤਿ ਸੁਖੀਆ ਨਾ ਸਤਿ ਪਾਣੀ ਜੰਤ ਫਿਰਹਿ॥	ਸੱਤਿ	Naa Sath Dhukheeaa Naa Sath Sukheeaa Naa Sath Paanee Janth Firehi ||	There is no Truth in suffering, there is no Truth in comfort. There is no Truth in wandering like animals through the water.	(ਤਪ ਆਦਿਕਾਂ ਨਾਲ) ਦੁਖੀ ਹੋਣ ਵਿਚ (ਸਿੱਧੀ ਤੇ ਵਡਿਆਈ ਦੀ ਪ੍ਰਾਪਤੀ) ਨਹੀਂ ਹੈ, ਸੁਖ-ਰਹਿਣਾ ਹੋਣ ਵਿਚ ਭੀ ਨਹੀਂ ਤੇ ਪਾਣੀ ਵਿਚ ਖਲੋਣ ਵਿਚ ਭੀ ਨਹੀਂ ਹੈ (ਨਹੀਂ ਤਾਂ ਬੇਅੰਤ) ਜੀਵ ਪਾਣੀ ਵਿਚ ਹੀ ਫਿਰਦੇ ਹਨ (ਉਹਨਾਂ ਨੂੰ ਸੁਤੇ ਹੀ ਸਿੱਧੀ ਮਿਲ ਜਾਂਦੀ)।

40840	952	ਨਾ ਸਤਿ ਮੂੰਡ ਮੁਡਾਈ ਕੇਸੀ ਨਾ ਸਤਿ ਪੜਿਆ ਦੇਸ ਫਿਰਹਿ॥	ਕੇਸੀਂ	Naa Sath Moondd Muddaaee Kaesee Naa Sath Parriaa Dhaes Firehi ||	There is no Truth in shaving one's head; there is no Truth is studying the scriptures or wandering in foreign lands.	ਸਿਰ ਦੇ ਕੇਸ ਮੁਨਾਣ ਵਿਚ (ਭਾਵ, ਰੁੰਡ-ਮੁੰਡ ਹੋ ਜਾਣ ਵਿਚ) ਸਿੱਧੀ ਨਹੀਂ ਹੈ; ਇਸ ਗੱਲ ਵਿਚ ਭੀ (ਜਨਮ-ਮਨੋਰਥ ਦੀ) ਸਿੱਧੀ ਨਹੀਂ ਕਿ ਵਿਦਵਾਨ ਬਣ ਕੇ (ਹੋਰ ਲੋਕਾਂ ਨੂੰ ਚਰਚਾ ਵਿਚ ਜਿੱਤਣ ਲਈ) ਦੇਸਾਂ ਦੇਸਾਂ ਵਿਚ ਫਿਰੀਏ।
40841	952	ਨਾ ਸਤਿ ਰੁਖੀ ਬਿਰਖੀ ਪਥਰ ਆਪੁ ਤਛਾਵਹਿ ਦੁਖ ਸਹਹਿ॥	ਰੁੱਖੀਂ, ਬਿਰਖੀਂ, ਪੱਥਰ, ਸਹ-ਹਿ	Naa Sath Rukhee Birakhee Pathhar Aap Thashhaavehi Dhukh Sehehi ||	There is no Truth in trees, plants or stones, in mutilating oneself or suffering in pain.	ਰੁੱਖਾਂ ਬਿਰਖਾਂ ਤੇ ਪੱਥਰਾਂ ਵਿਚ ਭੀ ਸਿੱਧੀ ਨਹੀਂ ਹੈ, ਇਹ ਆਪਣੇ ਆਪ ਨੂੰ ਕਟਾਂਦੇ ਹਨ ਤੇ (ਕਈ ਕਿਸਮ ਦੇ) ਦੁੱਖ ਸਹਾਰਦੇ ਹਨ (ਭਾਵ, ਰੁੱਖਾਂ ਬਿਰਖਾਂ ਪੱਥਰਾਂ ਵਾਂਗ ਜੜ੍ਹ ਹੋ ਕੇ ਆਪਣੇ ਉਤੇ ਕਈ ਕਸ਼ਟ ਸਹਾਰਿਆਂ ਭੀ ਜਨਮ-ਮਨੋਰਥ ਦੀ ਸਿੱਧੀ ਪ੍ਰਾਪਤ ਨਹੀਂ ਹੁੰਦੀ)।
40842	952	ਨਾ ਸਤਿ ਹਸਤੀ ਬਧੇ ਸੰਗਲ ਨਾ ਸਤਿ ਗਾਈ ਘਾਹੁ ਚਰਹਿ॥	ਬੱਧੇ	Naa Sath Hasathee Badhhae Sangal Naa Sath Gaaee Ghaahu Charehi ||	There is no Truth in binding elephants in chains; there is no Truth in grazing cows.	(ਸੰਗਲ ਲੱਕ ਨਾਲ ਬੰਨ੍ਹਣ ਵਿਚ ਭੀ) ਸਿੱਧੀ ਨਹੀਂ ਹੈ, ਹਾਥੀ ਸੰਗਲਾਂ ਨਾਲ ਬੱਧੇ ਪਏ ਹੁੰਦੇ ਹਨ; (ਕੰਦ-ਮੂਲ ਖਾਣ ਵਿਚ ਭੀ) ਸਿੱਧੀ ਨਹੀਂ ਹੈ, ਗਾਈਆਂ ਘਾਹ ਚੁਗਦੀਆਂ ਹੀ ਹਨ (ਭਾਵ, ਹਾਥੀਆਂ ਵਾਂਗ ਸੰਗਲ ਬੰਨ੍ਹਿਆਂ ਤੇ ਗਾਈਆਂ ਵਾਂਗ ਕੰਦ-ਮੂਲ ਖਾਧਿਆਂ ਸਿੱਧੀ ਦੀ ਪ੍ਰਾਪਤੀ ਨਹੀਂ ਹੈ)।

40843	952	ਜਿਸੁ ਹਥਿ ਸਿਧਿ ਦੇਵੈ ਜੇ ਸੋਈ ਜਿਸ ਨੋ ਦੇਇ ਤਿਸੁ ਆਇ ਮਿਲੈ॥		Jis Hathh Sidhh Dhaevai Jae Soee Jis No Dhaee This Aae Milai ||	He alone grants it, whose hands hold spritual perfection; he alone receives it, unto whom it is given.	ਜਿਸ ਪ੍ਰਭੂ ਦੇ ਹੱਥ ਵਿਚ ਸਫਲਤਾ ਹੈ ਜੇ ਉਹ ਆਪ ਦੇਵੇ ਤਾਂ ਜਿਸ ਨੂੰ ਦੇਂਦਾ ਹੈ ਉਸ ਨੂੰ ਪ੍ਰਾਪਤ ਹੁੰਦੀ ਹੈ।
40844	952	ਨਾਨਕ ਤਾ ਕਉ ਮਿਲੈ ਵਡਾਈ ਜਿਸੁ ਘਟ ਭੀਤਰਿ ਸਬਦੁ ਰਵੈ॥		Naanak Thaa Ko Milai Vaddaaee Jis Ghatt Bheethar Sabadh Ravai ||	O Nanak, he alone is blessed with glorious greatness, whose heart is filled with the Word of the Shabad.	ਹੇ ਨਾਨਕ! ਵਡਿਆਈ ਉਸ ਜੀਵ ਨੂੰ ਮਿਲਦੀ ਹੈ ਜਿਸ ਦੇ ਹਿਰਦੇ ਵਿਚ (ਪ੍ਰਭੂ ਦੀ ਸਿਫ਼ਤ-ਸਾਲਾਹ ਦਾ) ਸ਼ਬਦ ਹਰ ਵੇਲੇ ਮੌਜੂਦ ਹੈ।
40845	952	ਸਭਿ ਘਟ ਮੇਰੇ ਹਉ ਸਭਨਾ ਅੰਦਰਿ ਜਿਸਹਿ ਖੁਆਈ ਤਿਸੁ ਕਉਣੁ ਕਹੈ॥		Sabh Ghatt Maerae Ho Sabhanaa Andhar Jisehi Khuaaee This Koun Kehai ||	God says, all hearts are mine, and I am in all hearts. Who can explain this to one who is confused?	(ਪ੍ਰਭੂ ਤਾਂ ਇਉਂ ਆਖਦਾ ਹੈ ਕਿ ਜੀਵਾਂ ਦੇ) ਸਾਰੇ ਸਰੀਰ ਮੇਰੇ (ਸਰੀਰ) ਹਨ, ਮੈਂ ਸਭਨਾਂ ਵਿਚ ਵੱਸਦਾ ਹਾਂ, ਜਿਸ ਜੀਵ ਨੂੰ ਮੈਂ ਕੁਰਾਹੇ ਪਾ ਦੇਂਦਾ ਹਾਂ ਉਸ ਨੂੰ ਕੌਣ ਸਮਝਾ ਸਕਦਾ ਹੈ?
40846	952	ਜਿਸਹਿ ਦਿਖਾਲਾ ਵਾਟੜੀ ਤਿਸਹਿ ਭੁਲਾਵੈ ਕਉਣੁ॥		Jisehi Dhikhaalaa Vaattarree Thisehi Bhulaavai Koun ||	Who can confuse that being, unto whom I have shown the Way?	ਜਿਸ ਨੂੰ ਮੈਂ ਸੋਹਣਾ ਰਸਤਾ ਵਿਖਾ ਦੇਂਦਾ ਹਾਂ ਉਸ ਨੂੰ ਕੌਣ ਭੁਲਾ ਸਕਦਾ ਹੈ?

40847	952	ਜਿਸਹਿ ਭੁਲਾਈ ਪੰਧ ਸਿਰਿ ਤਿਸਹਿ ਦਿਖਾਵੈ ਕਉਣੁ॥੧॥		Jisehi Bhulaaee Pandhh Sir Thisehi Dhikhaavai Koun ||1||	And who can show the Path to that being whom I have confused since the beginning of time? ||1||	ਜਿਸ ਨੂੰ ਮੈਂ (ਜ਼ਿੰਦਗੀ ਦੇ) ਸਫ਼ਰ ਦੇ ਸ਼ੁਰੂ ਵਿਚ ਹੀ ਭੁਲਾ ਦਿਆਂ ਉਸ ਨੂੰ ਰਸਤਾ ਕੌਣ ਵਿਖਾ ਸਕਦਾ ਹੈ? ॥੧॥
40848	952	ਮਃ ੧॥		Ma 1 ||	First Mehl:	
40849	952	ਸੋ ਗਿਰਹੀ ਜੋ ਨਿਗ੍ਰਹੁ ਕਰੈ॥	ਨਿ-ਗ੍ਰਹੁ	So Girehee Jo Nigrahu Karai ||	He alone is a householder, who restrains his passions	(ਅਸਲ) ਗ੍ਰਿਹਸਤੀ ਉਹ ਹੈ ਜੋ ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਰੋਕਦਾ ਹੈ,
40850	952	ਜਪੁ ਤਪੁ ਸੰਜਮੁ ਭੀਖਿਆ ਕਰੈ॥		Jap Thap Sanjam Bheekhiaa Karai ||	And begs for meditation, austerity and self-discipline.	ਜੋ (ਪ੍ਰਭੂ ਪਾਸੋਂ) ਜਪ ਤਪ ਤੇ ਸੰਜਮ-ਰੂਪ ਖ਼ੈਰ ਮੰਗਦਾ ਹੈ;
40851	952	ਪੁੰਨ ਦਾਨ ਕਾ ਕਰੇ ਸਰੀਰੁ॥		Punn Dhaan Kaa Karae Sareer ||	He gives donations to charity with his body;	ਜੋ ਆਪਣਾ ਸਰੀਰ (ਭੀ) ਪੁੰਨ ਦਾਨ ਵਾਲਾ ਹੀ ਬਣਾ ਲੈਂਦਾ ਹੈ (ਭਾਵ, ਖ਼ਲਕਤ ਦੀ ਸੇਵਾ ਤੇ ਭਲਾਈ ਕਰਨ ਦਾ ਸੁਭਾਵ ਜਿਸ ਦੇ ਸਰੀਰ ਨਾਲ ਰਚ-ਮਿਚ ਜਾਂਦਾ ਹੈ);
40852	952	ਸੋ ਗਿਰਹੀ ਗੰਗਾ ਕਾ ਨੀਰੁ॥		So Girehee Gangaa Kaa Neer ||	Such a householder is as pure as the water of the Ganges.	ਉਹ ਗ੍ਰਿਹਸਤੀ ਗੰਗਾ ਜਲ (ਵਰਗਾ ਪਵਿਤ੍ਰ) ਹੋ ਜਾਂਦਾ ਹੈ।

40853	952	ਬੋਲੈ ਈਸਰੁ ਸਤਿ ਸਰੂਪੁ॥		Bolai Eesar Sath Saroop ||	Says Eeshar, the Lord is the embodiment of Truth.	ਜੇ ਈਸ਼ਰ (ਜੋਗੀ ਭੀ ਅਸਲ ਗ੍ਰਿਹਸਤੀ ਵਾਲੀ ਇਹ ਜੁਗਤਿ ਵਰਤ ਕੇ) ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਜਪੇ ਤਾਂ ਇਹ ਭੀ ਪਰਮ ਬ੍ਰਹਮ ਵਿਚ ਲੀਨ ਹੋ ਜਾਏ, ਇਸ ਦਾ ਕੋਈ (ਵੱਖਰਾ) ਰੂਪ ਰੇਖ ਨਾਹ ਰਹਿ ਜਾਏ (ਭਾਵ, ਹੇ ਈਸ਼ਰ ਜੋਗੀ! ਜੇ ਤੂੰ ਭੀ ਉਪਰ-ਦੱਸੀ ਜੁਗਤਿ ਨਾਲ ਪ੍ਰਭੂ ਨੂੰ ਜਪੇਂ,
40854	952	ਪਰਮਤੰਤ ਮਹਿ ਰੇਖ ਨ ਰੂਪੁ॥੨॥		Param Thanth Mehi Raekh N Roop ||2||	The supreme essence of reality has no shape or form. ||2||	ਤਾਂ ਤੂੰ ਭੀ ਪਰਮ ਬ੍ਰਹਮ ਵਿਚ ਇਕ-ਮਿਕ ਹੋ ਜਾਏਂ; ਗ੍ਰਿਹਸਤ ਤਿਆਗਣ ਦੀ ਲੋੜ ਹੀ ਨਾਹ ਪਏਗੀ) ॥੨॥
40855	952	ਮਃ ੧॥		Ma 1 ||	First Mehl:	
40856	952	ਸੋ ਅਉਧੂਤੀ ਜੋ ਧੂਪੈ ਆਪੁ॥		So Aoudhhoothee Jo Dhhoopai Aap ||	He alone is a detached hermit, who burns away his self-conceit.	(ਅਸਲ) ਅਵਧੂਤ ਉਹ ਹੈ ਜੋ ਆਪਾ-ਭਾਵ ਨੂੰ ਸਾੜ ਦੇਂਦਾ ਹੈ;
40857	952	ਭਿਖਿਆ ਭੋਜਨੁ ਕਰੈ ਸੰਤਾਪੁ॥		Bhikhiaa Bhojan Karai Santhaap ||	He begs for suffering as his food.	ਜੋ ਖਿੱਝ ਨੂੰ ਮੰਗ ਮੰਗ ਕੇ ਲਿਆਂਦਾ ਹੋਇਆ ਭੋਜਨ ਬਣਾਂਦਾ ਹੈ (ਜੋ ਮੰਗ ਮੰਗ ਕੇ ਲਿਆਂਦੇ ਹੋਏ ਟੁਕੜੇ ਖਾਣ ਦੇ ਥਾਂ ਖਿੱਝ ਨੂੰ ਛਕ ਜਾਵੇ, ਮੁਕਾ ਦੇਵੇ);

40858	952	ਅਉ ਹਠ ਪਟਣ ਮਹਿ ਭੀਖਿਆ ਕਰੈ॥	(ਅਉ) ਫੇਰ। (ਹਠ) ਰਿਦੇ। ਸ੍ਰੀਰ ਰੂਪੀ (ਪਟਣ) ਸ਼ਹਿਰ	Aouhath Pattan Mehi Bheekhiaa Karai ||	In the city of the heart, he begs for charity.	ਜੋ ਹਿਰਦੇ ਰੂਪ ਸ਼ਹਿਰ ਵਿਚ ਟਿਕ ਕੇ (ਪ੍ਰਭੂ ਤੋਂ) ਖ਼ੈਰ ਮੰਗਦਾ ਹੈ,
40859	952	ਸੋ ਅਉਧੂਤੀ ਸਿਵਪੁਰਿ ਚੜੈ॥	ਚੜ੍ਹੈ	So Aoudhhoothee Siv Pur Charrai ||	Such a renunciate ascends to the City of God.	ਉਹ ਅਵਧੂਤ ਕਲਿਆਣ-ਰੂਪ ਪ੍ਰਭੂ ਦੇ ਦੇਸ ਵਿਚ ਅੱਪੜ ਜਾਂਦਾ ਹੈ।
40860	952	ਬੋਲੈ ਗੋਰਖੁ ਸਤਿ ਸਰੂਪ॥		Bolai Gorakh Sath Saroop ||	Says Gorakh, God is the embodiment of Truth;	ਜੇ ਗੋਰਖ (ਜੋਗੀ ਭੀ ਇਸ ਅਵਧੂਤ ਦੀ ਜੁਗਤਿ ਵਰਤ ਕੇ) ਸਤਿ-ਸਰੂਪ ਪ੍ਰਭੂ ਨੂੰ ਜਪੇ,
40861	952	ਪਰਮਤੰਤ ਮਹਿ ਰੇਖ ਨ ਰੂਪੁ॥੩॥		Param Thanth Mehi Raekh N Roop ||3||	The supreme essence of reality has no shape or form. ||3||	ਤਾਂ (ਇਹ ਗੋਰਖ ਭੀ) ਪਰਮ ਬ੍ਰਹਮ ਵਿਚ ਲੀਨ ਹੋ ਜਾਏ, ਇਸ ਦਾ ਕੋਈ (ਵੱਖਰਾ) ਰੂਪ ਰੇਖ ਨਾਹ ਰਹਿ ਜਾਏ ॥੩॥
40862	952	ਮਃ ੧॥		Ma 1 ||	First Mehl:	
40863	952	ਸੋ ਉਦਾਸੀ ਜਿ ਪਾਲੇ ਉਦਾਸੁ॥		So Oudhaasee J Paalae Oudhaas ||	He alone is an Udasi, a shaven-headed renunciate, who embraces renunciation.	(ਅਸਲ) ਵਿਰਕਤ ਉਹ ਹੈ ਜੋ ਉਪਰਾਮਤਾ ਨੂੰ ਸਦਾ ਕਾਇਮ ਰੱਖਦਾ ਹੈ,
40864	952	ਅਰਧ ਉਰਧ ਕਰੇ ਨਿਰੰਜਨ ਵਾਸੁ॥		Aradhh Ouradhh Karae Niranjan Vaas ||	He sees the Immaculate Lord dwelling in both the upper and lower regions.	ਹਰ ਥਾਂ ਮਾਇਆ-ਰਹਿਤ ਪ੍ਰਭੂ ਦਾ ਨਿਵਾਸ ਜਾਣਦਾ ਹੈ;
40865	952	ਚੰਦ ਸੂਰਜ ਕੀ ਪਾਏ ਗੰਢਿ॥		Chandh Sooraj Kee Paaeae Gandt ||	He balances the sun and the moon energies.	(ਆਪਣੇ ਹਿਰਦੇ ਵਿਚ) ਸ਼ਾਂਤੀ ਤੇ ਗਿਆਨ ਦੋਹਾਂ ਨੂੰ ਇਕੱਠਾ ਕਰਦਾ ਹੈ;

40866	952	ਤਿਸੁ ਉਦਾਸੀ ਕਾ ਪੜੈ ਨ ਕੰਧੁ॥	ਪੜੈ: ੜ ਹਲੰਤ ਨ ਲਾਉ	This Oudhaasee Kaa Parrai N Kandhh ||	The body-wall of such an Udasi does not collapse.	ਉਸ ਵਿਰਕਤ ਮਨੁੱਖ ਦਾ ਸਰੀਰ (ਵਿਕਾਰਾਂ ਵਿਚ) ਨਹੀਂ ਡਿੱਗਦਾ।
40867	952	ਬੋਲੈ ਗੋਪੀਚੰਦੁ ਸਤਿ ਸਰੂਪੁ॥		Bolai Gopee Chandh Sath Saroop ||	Says Gopi Chand, God is the embodiment of Truth;	ਜੇ ਗੋਪੀ ਚੰਦ (ਭੀ ਇਸ ਉਦਾਸੀ ਦੀ ਜੁਗਤਿ ਵਰਤ ਕੇ) ਸਤਿ-ਸਰੂਪ ਪ੍ਰਭੂ ਨੂੰ ਜਪੇ,
40868	952	ਪਰਮਤੰਤ ਮਹਿ ਰੇਖ ਨ ਰੂਪੁ॥੪॥		Param Thanth Mehi Raekh N Roop ||4||	The supreme essence of reality has no shape or form. ||4||	ਤਾਂ (ਇਹ ਗੋਪੀ ਚੰਦ ਭੀ) ਪਰਮ ਬ੍ਰਹਮ ਵਿਚ ਲੀਨ ਹੋ ਜਾਏ, ਇਸ ਦਾ ਕੋਈ (ਵੱਖਰਾ) ਰੂਪ ਰੇਖ ਨਾਹ ਰਹਿ ਜਾਏ ॥੪॥
40869	952	ਮਃ ੧॥		Ma 1 ||	First Mehl:	
40870	952	ਸੋ ਪਾਖੰਡੀ ਜਿ ਕਾਇਆ ਪਖਾਲੇ॥		So Paakhanddee J Kaaeiaa Pakhaalae ||	He alone is a Paakhandi, who cleanses his body of filth.	(ਅਸਲੀ) ਨਾਸਤਕ ਉਹ ਹੈ ਜੋ (ਪਰਮਾਤਮਾ ਦੀ ਹਸਤੀ ਨਾਹ ਮੰਨਣ ਦੇ ਥਾਂ) ਸਰੀਰ ਨੂੰ ਧੋਵੇ (ਭਾਵ, ਸਰੀਰ ਵਿਚੋਂ ਪਾਪਾਂ ਦੀ ਹਸਤੀ ਮਿਟਾ ਦੇਵੇ),
40871	952	ਕਾਇਆ ਕੀ ਅਗਨਿ ਬ੍ਰਹਮੁ ਪਰਜਾਲੇ॥	ਪਰ-ਜਾਲੇ	Kaaeiaa Kee Agan Breham Parajaalae ||	The fire of his body illuminates God within.	ਜੋ ਆਪਣੇ ਸਰੀਰ ਵਿਚ ਰੱਬੀ ਜੋਤਿ ਜਗਾਂਦਾ ਹੈ,
40872	952	ਸੁਪਨੈ ਬਿੰਦੁ ਨ ਦੇਈ ਝਰਣਾ॥		Supanai Bindh N Dhaeee Jharanaa ||	He does not waste his energy in wet dreams.	ਸੁਫ਼ਨੇ ਵਿਚ ਭੀ ਵੀਰਜ ਨੂੰ ਡਿੱਗਣ ਨਹੀਂ ਦੇਂਦਾ (ਭਾਵ, ਸੁਫ਼ਨੇ ਵਿਚ ਭੀ ਆਪਣੇ ਆਪ ਨੂੰ ਕਾਮ-ਵੱਸ ਨਹੀਂ ਹੋਣ ਦੇਂਦਾ);

40873	953	ਤਿਸੁ ਪਾਖੰਡੀ ਜਰਾ ਨ ਮਰਣਾ॥		This Paakhanddee Jaraa N Maranaa ||	Such a Paakhandi does not grow old or die.	ਉਸ ਨਾਸਤਕ ਨੂੰ (ਭਾਵ, ਉਸ ਮਨੁੱਖ ਨੂੰ ਜਿਸ ਨੇ ਆਪਣੇ ਅੰਦਰੋਂ ਪਾਪਾਂ ਦਾ ਨਾਸ ਕਰ ਦਿੱਤਾ ਹੈ) ਬੁਢੇਪਾ ਤੇ ਮੌਤ ਪੋਹ ਨਹੀਂ ਸਕਦੇ (ਭਾਵ, ਇਹਨਾਂ ਦਾ ਡਰ ਉਸ ਨੂੰ ਪੋਹਦਾ ਨਹੀਂ)।
40874	953	ਬੋਲੈ ਚਰਪਟੁ ਸਤਿ ਸਰੂਪੁ॥		Bolai Charapatt Sath Saroop ||	Says Charpat, God is the embodiment of Truth;	ਜੇ ਚਰਪਟ (ਭੀ ਇਸ ਨਾਸਤਕ ਦੀ ਜੁਗਤਿ ਵਰਤ ਕੇ) ਸਤਿ ਸਰੂਪ ਪ੍ਰਭੂ ਨੂੰ ਜਪੇ,
40875	953	ਪਰਮਤੰਤ ਮਹਿ ਰੇਖ ਨ ਰੂਪੁ॥੫॥		Param Thanth Mehi Raekh N Roop ||5||	The supreme essence of reality has no shape or form. ||5||	ਤਾਂ (ਇਹ ਚਰਪਟ ਭੀ) ਪਰਮ ਬ੍ਰਹਮ ਵਿਚ ਲੀਨ ਹੋ ਜਾਏ, ਇਸ ਦਾ ਕੋਈ (ਵੱਖਰਾ) ਰੂਪ ਰੇਖ ਨਾਹ ਰਹਿ ਜਾਏ ॥੫॥
40876	953	ਮਃ ੧॥		Ma 1 ||	First Mehl:	
40877	953	ਸੋ ਬੈਰਾਗੀ ਜਿ ਉਲਟੇ ਬ੍ਰਹਮੁ॥		So Bairaagee J Oulattae Breham ||	He alone is a Bairaagi, who turns himself toward God.	(ਅਸਲ) ਵੈਰਾਗੀ ਉਹ ਹੈ ਜੋ ਪ੍ਰਭੂ ਨੂੰ (ਆਪਣੇ ਹਿਰਦੇ ਵਲ) ਪਰਤਾਂਦਾ ਹੈ (ਭਾਵ, ਜੋ ਪ੍ਰਭੂ-ਪਤੀ ਨੂੰ ਆਪਣੀ ਹਿਰਦੇ-ਸੇਜ ਤੇ ਲਿਆ ਵਸਾਂਦਾ ਹੈ),

40878	953	ਗਗਨ ਮੰਡਲ ਮਹਿ ਰੋਪੈ ਥੰਮੁ॥		Gagan Manddal Mehi Ropai Thhanm ||	In the Tenth Gate, the sky of the mind, he erects his pillar.	ਜੋ ਪ੍ਰਭੂ ਦਾ ਨਾਮ-ਰੂਪ ਥੰਮ੍ਹ ਦਸਮ ਦੁਆਰਾ (ਰੂਪ ਸ਼ਾਮੀਆਨੇ) ਵਿਚ ਖੜ੍ਹਾ ਕਰਦਾ ਹੈ (ਭਾਵ, ਜੋ ਮਨੁੱਖ ਪ੍ਰਭੂ ਦੇ ਨਾਮ ਨੂੰ ਇਸ ਤਰ੍ਹਾਂ ਆਪਣਾ ਸਹਾਰਾ ਬਣਾਂਦਾ ਹੈ ਕਿ ਉਸ ਦੀ ਸੁਰਤ ਸਦਾ ਉਤਾਂਹ ਪ੍ਰਭੂ-ਚਰਨਾਂ ਵਿਚ ਟਿਕੀ ਰਹਿੰਦੀ ਹੈ, ਹੇਠਾਂ ਮਾਇਕ ਪਦਾਰਥਾਂ ਵਿਚ ਨਹੀਂ ਡਿੱਗਦੀ),
40879	953	ਅਹਿ ਨਿਸਿ ਅੰਤਰਿ ਰਹੈ ਧਿਆਨਿ॥		Ahinis Anthar Rehai Dhhiaan ||	Night and day, he remains in deep inner meditation.	ਜੋ ਦਿਨ ਰਾਤ ਆਪਣੇ ਅੰਦਰ ਹੀ (ਭਾਵ, ਹਿਰਦੇ ਵਿਚ ਹੀ) ਪ੍ਰਭੂ ਦੀ ਯਾਦ ਵਿਚ ਜੁੜਿਆ ਰਹਿੰਦਾ ਹੈ।
40880	953	ਤੇ ਬੈਰਾਗੀ ਸਤ ਸਮਾਨਿ॥		Thae Bairaagee Sath Samaan ||	Such a Bairaagi is just like the True Lord.	ਅਜੇਹੇ ਬੈਰਾਗੀ ਪ੍ਰਭੂ ਦਾ ਰੂਪ ਹੋ ਜਾਂਦੇ ਹਨ।
40881	953	ਬੋਲੈ ਭਰਥਰਿ ਸਤਿ ਸਰੂਪੁ॥		Bolai Bharathhar Sath Saroop ||	Says Bhart'har, God is the embodiment of Truth;	ਜੇ ਭਰਥਰੀ (ਭੀ ਐਸੇ ਬੈਰਾਗੀ ਦੀ ਜੁਗਤਿ ਵਰਤ ਕੇ) ਸਤਿ-ਸਰੂਪ ਪ੍ਰਭੂ ਨੂੰ ਜਪੇ,
40882	953	ਪਰਮਤੰਤ ਮਹਿ ਰੇਖ ਨ ਰੂਪੁ॥੬॥		Param Thanth Mehi Raekh N Roop ||6||	The supreme essence of reality has no shape or form. ||6||	ਤਾਂ (ਇਹ ਭਰਥਰੀ ਭੀ) ਪਰਮ ਬ੍ਰਹਮ ਵਿਚ ਲੀਨ ਹੋ ਜਾਏ, ਇਸ ਦਾ ਕੋਈ (ਵੱਖਰਾ) ਰੂਪ ਰੇਖ ਨਾਹ ਰਹਿ ਜਾਏ ॥੬॥
40883	953	ਮਃ ੧॥		Ma 1 ||	First Mehl:	

40884	953	ਕਿਉ ਮਰੈ ਮੰਦਾ ਕਿਉ ਜੀਵੈ ਜੁਗਤਿ॥		Kio Marai Mandhaa Kio Jeevai Jugath ||	How is evil eradicated? How can the true way of life be found?	(ਕੰਨ ਪੜਵਾਉਣ ਦੀ) ਇਸ ਜੁਗਤਿ ਨਾਲ ਨਾਹ (ਮਨ ਵਿਚੋਂ) ਵਿਕਾਰ ਦੂਰ ਹੁੰਦਾ ਹੈ ਨਾਹ ਹੀ (ਉੱਚਾ) ਜੀਵਨ ਮਿਲਦਾ ਹੈ।
40885	953	ਕੰਨ ਪੜਾਇ ਕਿਆ ਖਾਜੈ ਭੁਗਤਿ॥		Kann Parraae Kiaa Khaajai Bhugath ||	What is the use of piercing the ears, or begging for food?	ਕੰਨ ਪੜਵਾ ਕੇ ਚੂਰਮਾ ਖਾਣ ਦਾ ਕੋਈ (ਆਤਮਕ) ਲਾਭ ਨਹੀਂ (ਕਿਉਂਕਿ)।
40886	953	ਆਸਤਿ ਨਾਸਤਿ ਏਕੋ ਨਾਉ॥	(ਆਸਤਿ) ਆਸਤਕ, ਸ਼ਰਧਾਲੂ। (ਨਾਸਤਿ) ਨਾਸ ਰੂਪ ਸਮਝੇ ਦੁਨੀਆਂ ਨੂੰ	Aasath Naasath Eaeko Naao ||	Throughout existence and non-existence, there is only the Name of the One Lord.	ਕੇਵਲ (ਪ੍ਰਭੂ ਦਾ) ਨਾਮ ਹੀ ਹੈ ਜੋ ਸੰਸਾਰ ਦੀ ਹੋਂਦ ਤੇ ਅਣਹੋਂਦ ਦੋਹਾਂ ਵੇਲੇ ਮੌਜੂਦ ਹੈ।
40887	953	ਕਉਣੁ ਸੁ ਅਖਰੁ ਜਿਤੁ ਰਹੈ ਹਿਆਉ॥	(ਹਿਆਉ) ਰਿਦਾ। (ਰਹੈ) ਟਿਕੇ। (ਅੱਖਰੁ) ਉਪਦੇਸ਼	Koun S Akhar Jith Rehai Hiaao ||	What is that Word, which holds the heart in its place?	(ਜੇ ਕੋਈ ਪੁੱਛੇ ਕਿ ਜੇ ਕੰਨ ਪੜਵਾਇਆਂ ਮਨ ਨਹੀਂ ਟਿਕਦਾ ਤਾਂ) ਉਹ ਕੇਹੜਾ ਅੱਖਰ ਹੈ ਜਿਸ ਵਿਚ ਹਿਰਦਾ ਜੁੜਿਆ ਰਹਿ ਸਕਦਾ ਹੈ (ਤੇ ਬੁਰਾਈ ਮਿਟ ਜਾਂਦੀ ਹੈ, ਤਾਂ ਇਸ ਦਾ ਉੱਤਰ ਇਹ ਹੈ ਕਿ ਉਹ ਪ੍ਰਭੂ ਦਾ ਨਾਮ ਹੀ ਹੈ)।
40888	953	ਧੂਪ ਛਾਵ ਜੇ ਸਮ ਕਰਿ ਸਹੈ॥		Dhhoop Shhaav Jae Sam Kar Sehai ||	When you look alike upon sunshine and shade,	ਜੇ ਕੋਈ ਮਨੁੱਖ (ਇਸ 'ਨਾਮ' ਦੀ ਬਰਕਤਿ ਨਾਲ) ਦੁੱਖ ਤੇ ਸੁਖ ਨੂੰ ਇਕ-ਸਮਾਨ ਸਹਾਰਦਾ ਹੈ,

40889	953	ਤਾ ਨਾਨਕੁ ਆਖੈ ਗੁਰੁ ਕੋ ਕਹੈ॥		Thaa Naanak Aakhai Gur Ko Kehai ||	Says Nanak, then the Guru will speak to you.	ਤਾਂ, ਨਾਨਕ ਆਖਦਾ ਹੈ, ਉਹ ਮਨੁੱਖ ਹੀ (ਅਸਲ ਵਿਚ) ਗੁਰੂ ਨੂੰ ਚੇਤੇ ਰੱਖਦਾ ਹੈ (ਭਾਵ, ਗੁਰੂ ਦੇ ਬਚਨ-ਅਨੁਸਾਰ ਤੁਰਦਾ ਹੈ)।
40890	953	ਛਿਅ ਵਰਤਾਰੇ ਵਰਤਹਿ ਪੂਤ॥		Shhia Varathaarae Varathehi Pooth ||	The students follow the six systems.	(ਨਾਥ ਦੇ) ਚੇਲੇ (ਭਾਵ, ਜੋਗੀ ਲੋਕ) (ਜੋ ਨਿਰੇ) ਛੇ ਭੇਖਾਂ ਵਿਚ ਹੀ ਰੁੱਝੇ ਹੋਏ ਹਨ,
40891	953	ਨਾ ਸੰਸਾਰੀ ਨਾ ਅਉਧੂਤ॥		Naa Sansaaree Naa Aoudhhooth ||	They are neither worldly people, nor detached renunciates.	(ਅਸਲ ਵਿਚ) ਨਾਹ ਉਹ ਗ੍ਰਿਹਸਤੀ ਹਨ ਤੇ ਨਾਹ ਵਿਰਕਤ।
40892	953	ਨਿਰੰਕਾਰਿ ਜੋ ਰਹੈ ਸਮਾਇ॥		Nirankaar Jo Rehai Samaae ||	One who remains absorbed in the Formless Lord	ਜੋ ਮਨੁੱਖ ਇਕ ਨਿਰੰਕਾਰ ਵਿਚ ਜੁੜਿਆ ਰਹਿੰਦਾ ਹੈ,
40893	953	ਕਾਹੇ ਭੀਖਿਆ ਮੰਗਣਿ ਜਾਇ॥੭॥		Kaahae Bheekhiaa Mangan Jaae ||7||	- why should he go out begging? ||7||	ਉਹ ਕਿਉਂ ਕਿਤੇ ਖ਼ੈਰ ਮੰਗਣ ਜਾਏ? (ਭਾਵ, ਉਸ ਨੂੰ ਫ਼ਕੀਰ ਬਣਨ ਦੀ ਲੋੜ ਨਹੀਂ ਪੈਂਦੀ, ਹੱਥੀਂ ਕਿਰਤ-ਕਾਰ ਕਰਦਾ ਹੋਇਆ ਭੀ ਪ੍ਰਭੂ ਦੇ ਚਰਨਾਂ ਵਿਚ ਲੀਨ ਰਹਿੰਦਾ ਹੈ) ॥੭॥
40894	953	ਪਉੜੀ॥		Pourree ||	Pauree:	

40895	953	ਹਰਿਮੰਦਰੁ ਸੋਈ ਆਖੀਐ ਜਿਥਹੁ ਹਰਿ ਜਾਤਾ॥		Har Mandhar Soee Aakheeai Jithhahu Har Jaathaa ||	That alone is said to be the Lord's temple, where the Lord is known.	(ਉਂਞ ਤਾਂ ਸਾਰੇ ਸਰੀਰ "ਹਰਿ ਮੰਦਰੁ" ਭਾਵ, ਰੱਬ ਦੇ ਰਹਿਣ ਦੇ ਥਾਂ ਹਨ, ਪਰ ਅਸਲ ਵਿਚ) ਉਹੀ ਸਰੀਰ "ਹਰਿ ਮੰਦਰੁ" ਕਿਹਾ ਜਾਣਾ ਚਾਹੀਦਾ ਹੈ ਜਿਸ ਵਿਚ ਰੱਬ ਪਛਾਣਿਆ ਜਾਏ।
40896	953	ਮਾਨਸ ਦੇਹ ਗੁਰ ਬਚਨੀ ਪਾਇਆ ਸਭੁ ਆਤਮ ਰਾਮੁ ਪਛਾਤਾ॥		Maanas Dhaeh Gur Bachanee Paaeiaa Sabh Aatham Raam Pashhaathaa ||	In the human body, the Guru's Word is found, when one understands that the Lord, the Supreme Soul, is in all.	(ਸੋ, ਮਨੁੱਖਾ ਸਰੀਰ 'ਹਰਿ ਮੰਦਰੁ' ਹੈ, ਕਿਉਂਕਿ) ਮਨੁੱਖਾ-ਸਰੀਰ ਵਿਚ ਗੁਰੂ ਦੇ ਹੁਕਮ ਤੇ ਤੁਰ ਕੇ ਰੱਬ ਲੱਭਦਾ ਹੈ, ਹਰ ਥਾਂ ਵਿਆਪਕ ਜੋਤਿ ਦਿੱਸਦੀ ਹੈ।
40897	953	ਬਾਹਰਿ ਮੂਲਿ ਨ ਖੋਜੀਐ ਘਰ ਮਾਹਿ ਬਿਧਾਤਾ॥		Baahar Mool N Khojeeai Ghar Maahi Bidhhaathaa ||	Don't look for Him outside your self. The Creator, the Architect of Destiny, is within the home of your own heart.	(ਸਰੀਰ ਤੋਂ) ਬਾਹਰ ਭਾਲਣ ਦੀ ਉੱਕਾ ਲੋੜ ਨਹੀਂ, (ਇਸ ਸਰੀਰ-) ਘਰ ਵਿਚ ਹੀ ਸਿਰਜਣਹਾਰ ਵੱਸ ਰਿਹਾ ਹੈ।
40898	953	ਮਨਮੁਖ ਹਰਿਮੰਦਰ ਕੀ ਸਾਰ ਨ ਜਾਣਨੀ ਤਿਨੀ ਜਨਮੁ ਗਵਾਤਾ॥		Manamukh Har Mandhar Kee Saar N Jaananee Thinee Janam Gavaathaa ||	The self-willed manmukh does not appreciate the value of the Lord's temple; they waste away and lose their lives.	ਪਰ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ (ਇਸ ਮਨੁੱਖਾ ਸਰੀਰ) "ਹਰਿ ਮੰਦਰੁ" ਦੀ ਕਦਰ ਨਹੀਂ ਜਾਣਦੇ, ਉਹ ਮਨੁੱਖਾ ਜਨਮ (ਮਨ ਦੇ ਪਿੱਛੇ ਤੁਰ ਕੇ ਹੀ) ਗੰਵਾ ਜਾਂਦੇ ਹਨ।

40899	953	ਸਭ ਮਹਿ ਇਕੁ ਵਰਤਦਾ ਗੁਰ ਸਬਦੀ ਪਾਇਆ ਜਾਈ॥੧੨॥		Sabh Mehi Eik Varathadhaa Gur Sabadhee Paaeiaa Jaaee ||12||	The One Lord is pervading in all; through the Word of the Guru's Shabad, He can be found. ||12||	(ਉਞ ਤਾਂ) ਸਾਰਿਆਂ ਵਿਚ ਇਕ ਪ੍ਰਭੂ ਹੀ ਵਿਆਪਕ ਹੈ, ਪਰ ਲੱਭਦਾ ਹੈ ਗੁਰੂ ਦੇ ਸ਼ਬਦ ਦੀ ਰਾਹੀਂ ॥੧੨॥
40900	953	ਸਲੋਕ ਮਃ ੩॥		Salok Ma 3 ||	Shalok, Third Mehl:	
40901	953	ਮੂਰਖੁ ਹੋਵੈ ਸੋ ਸੁਣੈ ਮੂਰਖ ਕਾ ਕਹਣਾ॥		Moorakh Hovai So Sunai Moorakh Kaa Kehanaa ||	Only a fool listens to the words of the fool.	ਮੂਰਖ ਦਾ ਕਿਹਾ ਉਹੀ ਸੁਣਦਾ ਹੈ (ਭਾਵ, ਮੂਰਖ ਦੇ ਕਹੇ ਉਹੀ ਲੱਗਦਾ ਹੈ) ਜੋ ਆਪ ਮੂਰਖ ਹੋਵੇ।
40902	953	ਮੂਰਖ ਕੇ ਕਿਆ ਲਖਣ ਹੈ ਕਿਆ ਮੂਰਖ ਕਾ ਕਰਣਾ॥	ਲੱਖਣ	Moorakh Kae Kiaa Lakhan Hai Kiaa Moorakh Kaa Karanaa ||	What are the signs of the fool? What does the fool do?	ਮੂਰਖ ਦੇ ਲੱਛਣ ਕੀਹ ਹਨ? ਮੂਰਖ ਦੀ ਕਰਤੂਤ ਕੈਸੀ ਹੁੰਦੀ ਹੈ?
40903	953	ਮੂਰਖ ਓਹੁ ਜਿ ਮੁਗਧੁ ਹੈ ਅਹੰਕਾਰੇ ਮਰਣਾ॥		Moorakh Ouhu J Mugadhh Hai Ahankaarae Maranaa ||	A fool is stupid; he dies of egotism.	ਜੋ ਮਨੁੱਖ ਮਾਇਆ ਦਾ ਠੱਗਿਆ ਹੋਇਆ ਹੋਵੇ ਤੇ ਜੋ ਅਹੰਕਾਰ ਵਿਚ ਆਤਮਕ ਮੌਤੇ ਮਰਿਆ ਹੋਇਆ ਹੋਵੇ, ਉਸ ਨੂੰ ਮੂਰਖ ਕਹੀਦਾ ਹੈ।
40904	953	ਏਤੁ ਕਮਾਣੈ ਸਦਾ ਦੁਖੁ ਦੁਖ ਹੀ ਮਹਿ ਰਹਣਾ॥		Eaeth Kamaanai Sadhaa Dhukh Dhukh Hee Mehi Rehanaa ||	His actions always bring him pain; he lives in pain.	ਮਾਇਆ ਦੀ ਮਸਤੀ ਤੇ ਅਹੰਕਾਰ ਵਿਚ ਜੋ ਕੁਝ ਕਰੀਏ ਉਸ ਨਾਲ ਸਦਾ ਦੁੱਖ ਪ੍ਰਾਪਤ ਹੁੰਦਾ ਹੈ ਸਦਾ ਦੁਖੀ ਰਹੀਦਾ ਹੈ।

40905	953	ਅਤਿ ਪਿਆਰਾ ਪਵੈ ਖੂਹਿ ਕਿਹੁ ਸੰਜਮੁ ਕਰਣਾ॥		Ath Piaaraa Pavai Khoohi Kihu Sanjam Karanaa ||	If someone's beloved friend falls into the pit, what can be used to pull him out?	ਮਾਇਆ ਨਾਲ ਬਹੁਤਾ ਪਿਆਰ ਕਰਨ ਵਾਲਾ ਮਨੁੱਖ (ਮਾਇਆ ਦੇ ਮੋਹ ਦੇ) ਖੂਹ ਵਿਚ ਡਿੱਗਾ ਰਹਿੰਦਾ ਹੈ। ਉਸ ਦੇ ਬਚਾਉ ਦਾ ਕੇਹੜਾ ਉੱਦਮ ਕੀਤਾ ਜਾ ਸਕਦਾ ਹੈ?
40906	953	ਗੁਰਮੁਖਿ ਹੋਇ ਸੁ ਕਰੇ ਵੀਚਾਰੁ ਓਸੁ ਅਲਿਪਤੋ ਰਹਣਾ॥	ਅ-ਲਿਪਤੋ	Guramukh Hoe S Karae Veechaar Ous Alipatho Rehanaa ||	One who becomes Gurmukh contemplates the Lord, and remains detached.	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ ਇਸ ਤੇ ਵਿਚਾਰ ਕਰਦਾ ਹੈ ਤੇ (ਇਸ ਮਾਇਆ ਦੇ ਮੋਹ-ਰੂਪ ਖੂਹ ਤੋਂ) ਵੱਖਰਾ ਰਹਿੰਦਾ ਹੈ।
40907	953	ਹਰਿ ਨਾਮੁ ਜਪੈ ਆਪਿ ਉਧਰੈ ਓਸੁ ਪਿਛੈ ਡੁਬਦੇ ਭੀ ਤਰਣਾ॥	ਡੁੱਬਦੇ	Har Naam Japai Aap Oudhharai Ous Pishhai Ddubadhae Bhee Tharanaa ||	Chanting the Lord's Name, he saves himself, and he carries across those who are drowning as well.	ਉਹ ਪ੍ਰਭੂ ਦਾ ਨਾਮ ਜਪਦਾ ਹੈ, (ਨਾਮ ਦੀ ਬਰਕਤਿ ਨਾਲ) ਉਹ ਆਪ ਬਚਦਾ ਹੈ ਤੇ ਉਸ ਦੇ ਪੂਰਨਿਆਂ ਤੇ ਤੁਰ ਕੇ ਡੁੱਬਦਾ ਸਾਥੀ ਭੀ ਬਚ ਨਿਕਲਦਾ ਹੈ।
40908	953	ਨਾਨਕ ਜੋ ਤਿਸੁ ਭਾਵੈ ਸੋ ਕਰੇ ਜੋ ਦੇਇ ਸੁ ਸਹਣਾ॥੧॥		Naanak Jo This Bhaavai So Karae Jo Dhaee S Sehanaa ||1||	O Nanak, he acts in accordance with the Will of God; he endures whatever he is given. ||1||	ਹੇ ਨਾਨਕ! ਜੋ ਕੁਝ ਪ੍ਰਭੂ ਨੂੰ ਭਾਉਂਦਾ ਹੈ ਉਹੀ ਉਹ ਕਰਦਾ ਹੈ (ਮਾਇਆ ਦੇ ਮੋਹ ਵਿਚ ਪੈ ਕੇ ਦੁੱਖ ਜਾਂ ਇਸ ਤੋਂ ਅਲੋਪ ਰਹਿ ਕੇ ਸੁਖ) ਜੋ ਕੁਝ ਪ੍ਰਭੂ ਦੇਂਦਾ ਹੈ ਉਹੀ ਜੀਵ ਸਹਾਰਦਾ ਹੈ ॥੧॥
40909	953	ਮਃ ੧॥		Ma 1 ||	First Mehl:	

40910	953	ਨਾਨਕੁ ਆਖੈ ਰੇ ਮਨਾ ਸੁਣੀਐ ਸਿਖ ਸਹੀ॥	ਸਿੱਖ	Naanak Aakhai Rae Manaa Suneeai Sikh Sehee ||	Says Nanak, listen, O mind, to the True Teachings.	ਨਾਨਕ ਆਖਦਾ ਹੈ ਕਿ ਹੇ ਮਨ! ਸੱਚੀ ਸਿੱਖਿਆ ਸੁਣ।
40911	953	ਲੇਖਾ ਰਬੁ ਮੰਗੇਸੀਆ ਬੈਠਾ ਕਢਿ ਵਹੀ॥		Laekhaa Rab Mangaeseeaa Baithaa Kadt Vehee ||	Opening His ledger, God will call you to account.	(ਤੇਰੇ ਕੀਤੇ ਅਮਲਾਂ ਦੇ ਲੇਖੇ ਵਾਲੀ) ਕਿਤਾਬ ਕੱਢ ਕੇ ਬੈਠਾ ਹੋਇਆ ਰੱਬ (ਤੈਥੋਂ) ਹਿਸਾਬ ਪੁੱਛੇਗਾ।
40912	953	ਤਲਬਾ ਪਉਸਨਿ ਆਕੀਆ ਬਾਕੀ ਜਿਨਾ ਰਹੀ॥	(ਤਲਬਾ) ਸਖ਼ਤੀ ਨਾਲ ਸੱਦੇ। (ਪਉਸਨਿ) ਪੈਣਗੇ। (ਆਕੀਆਂ) ਹੰਕਾਰੀਆਂ ਨੂੰ	Thalabaa Pousan Aakeeaa Baakee Jinaa Rehee ||	Those rebels who have unpaid accounts shall be called out.	ਜਿਨ੍ਹਾਂ ਜਿਨ੍ਹਾਂ ਵਲ ਲੇਖੇ ਦੀ ਬਾਕੀ ਰਹਿ ਜਾਂਦੀ ਹੈ ਉਹਨਾਂ ਉਹਨਾਂ ਮਨਮੁਖਾਂ ਨੂੰ ਸੱਦੇ ਪੈਣਗੇ।
40913	953	ਅਜਰਾਈਲੁ ਫਰੇਸਤਾ ਹੋਸੀ ਆਇ ਤਈ॥	(ਤਈ) ਮੁਕੱਰਰ, ਮੌਜੂਦ	Ajaraaeel Faraesathaa Hosee Aae Thee ||	Azraa-eel, the Angel of Death, shall be appointed to punish them.	ਮੌਤ ਦਾ ਫ਼ਰਿਸ਼ਤਾ (ਕੀਤੇ ਕਰਮਾਂ ਅਨੁਸਾਰ ਦੁੱਖ ਦੇਣ ਲਈ ਸਿਰ ਤੇ) ਆ ਤਿਆਰ ਖੜਾ ਹੋਵੇਗਾ।
40914	953	ਆਵਣੁ ਜਾਣੁ ਨ ਸੁਝਈ ਭੀੜੀ ਗਲੀ ਫਹੀ॥	ਗਲ਼ੀ	Aavan Jaan N Sujhee Bheerree Galee Fehee ||	They will find no way to escape coming and going in reincarnation; they are trapped in the narrow path.	ਉਸ ਔਕੜ ਵਿਚ ਫਸੀ ਹੋਈ ਜਿੰਦ ਨੂੰ (ਉਸ ਵੇਲੇ) ਕੁਝ ਅਹੁੜਦਾ ਨਹੀਂ।
40915	953	ਕੂੜ ਨਿਖੁਟੇ ਨਾਨਕਾ ਓੜਕਿ ਸਚਿ ਰਹੀ॥੨॥	ਨਿਖੁੱਟੇ	Koorr Nikhuttae Naanakaa Ourrak Sach Rehee ||2||	Falsehood will come to an end, O Nanak, and Truth will prevail in the end. ||2||	ਹੇ ਨਾਨਕ! ਕੂੜ ਦੇ ਵਪਾਰੀ ਹਾਰ ਕੇ ਜਾਂਦੇ ਹਨ, ਸੱਚ ਦਾ ਸਉਦਾ ਕੀਤਿਆਂ ਹੀ ਅੰਤ ਨੂੰ ਰਹਿ ਆਉਂਦੀ ਹੈ ॥੨॥

40916	953	ਪਉੜੀ॥		Pourree ||	Pauree:	
40917	953	ਹਰਿ ਕਾ ਸਭੁ ਸਰੀਰੁ ਹੈ ਹਰਿ ਰਵਿ ਰਹਿਆ ਸਭੁ ਆਪੈ॥		Har Kaa Sabh Sareer Hai Har Rav Rehiaa Sabh Aapai ||	The body and everything belongs to the Lord; the Lord Himself is all-pervading.	ਇਹ ਸਾਰਾ (ਜਗਤ ਦਾ ਆਕਾਰ) ਪਰਮਾਤਮਾ ਦਾ (ਮਾਨੋ) ਸਰੀਰ ਹੈ, ਹਰ ਥਾਂ ਪ੍ਰਭੂ ਆਪ ਹੀ ਵਿਆਪਕ ਹੈ।
40918	953	ਹਰਿ ਕੀ ਕੀਮਤਿ ਨਾ ਪਵੈ ਕਿਛੁ ਕਹਣੁ ਨ ਜਾਪੈ॥		Har Kee Keemath N Pavai Kishh Kehan N Jaapai ||	The Lord's value cannot be estimated; nothing can be said about it.	ਪਰਮਾਤਮਾ (ਦੀ ਵਡਿਆਈ) ਦਾ ਮੁੱਲ ਨਹੀਂ ਪੈ ਸਕਦਾ, ਕੋਈ ਗੱਲ ਅਹੁੜਦੀ ਨਹੀਂ (ਜਿਸ ਨਾਲ) ਉਸ ਦੀ ਵਡਿਆਈ ਬਿਆਨ ਕਰ ਸਕੀਏ।
40919	953	ਗੁਰ ਪਰਸਾਦੀ ਸਾਲਾਹੀਐ ਹਰਿ ਭਗਤੀ ਰਾਪੈ॥		Gur Parasaadhee Saalaaheeai Har Bhagathee Raapai ||	By Guru's Grace, one praises the Lord, imbued with feelings of devotion.	ਸਤਿਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ ਜਾ ਸਕਦੀ ਹੈ (ਜੋ ਕਰਦਾ ਹੈ ਉਹ ਪ੍ਰਭੂ ਦੀ ਭਗਤੀ ਵਿਚ ਰੰਗਿਆ ਜਾਂਦਾ ਹੈ।
40920	953	ਸਭੁ ਮਨੁ ਤਨੁ ਹਰਿਆ ਹੋਇਆ ਅਹੰਕਾਰੁ ਗਵਾਪੈ॥		Sabh Man Than Hariaa Hoeiaa Ahankaar Gavaapai ||	The mind and body are totally rejuvenated, and egotism is eradicated.	ਉਸ ਦਾ ਮਨ ਤੇ ਤਨ ਖਿੜ ਆਉਂਦਾ ਹੈ ਤੇ ਅਹੰਕਾਰ ਨਾਸ ਹੋ ਜਾਂਦਾ ਹੈ)।

40921	953	ਸਭੁ ਕਿਛੁ ਹਰਿ ਕਾ ਖੇਲੁ ਹੈ ਗੁਰਮੁਖਿ ਕਿਸੈ ਬੁਝਾਈ॥੧੩॥	ਬੁੱਝਾਈ	Sabh Kishh Har Kaa Khael Hai Guramukh Kisai Bujhaaee ||13||	Everything is the play of the Lord. The Gurmukh understands this. ||13||	ਇਹ ਸਾਰਾ ਜਗਤ ਪ੍ਰਭੂ ਦਾ ਬਣਾਇਆ ਹੋਇਆ ਤਮਾਸ਼ਾ ਹੈ, ਸਤਿਗੁਰੂ ਦੀ ਰਾਹੀਂ ਕਿਸੇ ਵਿਰਲੇ ਨੂੰ ਇਸ ਖੇਡ ਦੀ ਸਮਝ ਦੇਂਦਾ ਹੈ ॥੧੩॥
40922	953	ਸਲੋਕੁ ਮਃ ੧॥		Salok Ma 1 ||	Shalok, First Mehl:	
40923	953	ਸਹੰਸਰ ਦਾਨ ਦੇ ਇੰਦ੍ਰੁ ਰੋਆਇਆ॥	(ਦਾਨ) ਡੰਨ	Sehansar Dhaan Dhae Eindhra Roaaeiaa ||	Branded with a thousand marks of disgrace, Indra cried in shame.	(ਗੋਤਮ ਰਿਸ਼ੀ ਨੇ) ਹਜ਼ਾਰ (ਭਗਾਂ) ਦਾ ਡੰਨ ਦੇ ਕੇ ਇੰਦਰ ਨੂੰ ਰੁਆ ਦਿੱਤਾ;
40924	953	ਪਰਸਰਾਮੁ ਰੋਵੈ ਘਰਿ ਆਇਆ॥		Paras Raam Rovai Ghar Aaeiaa ||	Paras Raam returned home crying.	(ਸ੍ਰੀ ਰਾਮ ਚੰਦ੍ਰ ਤੋਂ ਆਪਣਾ ਬਲ ਖੁਹਾ ਕੇ) ਪਰਸ ਰਾਮ ਘਰ ਆ ਕੇ ਰੋਇਆ।
40925	953	ਅਜੈ ਸੁ ਰੋਵੈ ਭੀਖਿਆ ਖਾਇ॥	ਅ-ਜੈ	Ajai S Rovai Bheekhiaa Khaae ||	Ajai cried and wept, when he was made to eat the manure he had given, pretending it was charity.	ਰਾਜਾ ਅਜੈ ਰੋਇਆ ਜਦੋਂ ਉਸ ਨੂੰ (ਲਿੱਦ ਦੀ ਦਿੱਤੀ) ਭਿੱਖਿਆ ਖਾਣੀ ਪਈ,
40926	953	ਐਸੀ ਦਰਗਹ ਮਿਲੈ ਸਜਾਇ॥		Aisee Dharageh Milai Sajaae ||	Such is the punishment received in the Court of the Lord.	ਪ੍ਰਭੂ ਦੀ ਹਜ਼ੂਰੀ ਵਿਚੋਂ ਅਜੇਹੀ ਹੀ ਸਜ਼ਾ ਮਿਲਦੀ ਹੈ।
40927	953	ਰੋਵੈ ਰਾਮੁ ਨਿਕਾਲਾ ਭਇਆ॥		Rovai Raam Nikaalaa Bhaeiaa ||	Rama wept when he was sent into exile,	ਰਾਮ ਜੀ ਭੀ ਰੋਏ, ਜਦੋਂ ਰਾਮ (ਜੀ) ਨੂੰ ਦੇਸ-ਨਿਕਾਲਾ ਮਿਲਿਆ,

40928	954	ਸੀਤਾ ਲਖਮਣੁ ਵਿਛੁੜਿ ਗਇਆ॥		Seethaa Lakhaman Vishhurr Gaeiaa ||	And separated from Sita and Lakhshman.	ਅਤੇ ਸੀਤਾ ਲਛਮਣ ਵਿਛੁੜੇ।
40929	954	ਰੋਵੈ ਦਹਸਿਰੁ ਲੰਕ ਗਵਾਇ॥		Rovai Dhehasir Lank Gavaae ||	The ten-headed Raawan, who stole away Sita with the beat of his tambourine,	ਰਾਵਣ ਲੰਕਾ ਗੁਆ ਕੇ ਰੋਇਆ,
40930	954	ਜਿਨਿ ਸੀਤਾ ਆਦੀ ਡਉਰੂ ਵਾਇ॥	ਆਂਦੀ	Jin Seethaa Aadhee Ddouroo Vaae ||	Wept when he lost Sri Lanka.	ਜਿਸ ਨੇ ਸਾਧੂ ਬਣ ਕੇ ਸੀਤਾ (ਚੁਰਾ) ਲਿਆਂਦੀ ਸੀ।
40931	954	ਰੋਵਹਿ ਪਾਂਡਵ ਭਏ ਮਜੂਰ॥		Rovehi Paanddav Bheae Majoor ||	The Paandavas once lived in the Presence of the Lord;	(ਪੰਜੇ) ਪਾਂਡੋ ਜਦੋਂ (ਵੈਰਾਟ ਰਾਜੇ ਦੇ) ਮਜ਼ੂਰ ਬਣੇ ਤਾਂ ਰੋਏ,
40932	954	ਜਿਨ ਕੈ ਸੁਆਮੀ ਰਹਤ ਹਦੂਰਿ॥		Jin Kai Suaamee Rehath Hadhoor ||	They were made slaves, and wept.	(ਭਾਵੇਂ ਕਿ) ਜਿਨ੍ਹਾਂ (ਪਾਂਡਵਾਂ) ਦੇ ਪਾਸ ਹੀ ਸ੍ਰੀ ਕ੍ਰਿਸ਼ਨ ਜੀ ਰਹਿੰਦੇ ਸਨ (ਭਾਵ, ਜਿਨ੍ਹਾਂ ਦਾ ਪੱਖ ਕਰਦੇ ਸਨ)
40933	954	ਰੋਵੈ ਜਨਮੇਜਾ ਖੁਇ ਗਇਆ॥		Rovai Janamaejaa Khue Gaeiaa ||	Janmayjaa wept, that he had lost his way.	ਰਾਜਾ ਜਨਮੇਜਾ ਖੁੰਝ ਗਿਆ, (੧੮ ਬ੍ਰਾਹਮਣਾਂ ਨੂੰ ਜਾਨੋਂ ਮਾਰ ਬੈਠਾ, ਪ੍ਰਾਸ਼ਚਿਤ ਵਾਸਤੇ 'ਮਹਾਭਾਰਤ' ਸੁਣਿਆ, ਪਰ ਸ਼ੰਕਾ ਕੀਤਾ, ਇਸ)
40934	954	ਏਕੀ ਕਾਰਣਿ ਪਾਪੀ ਭਇਆ॥	ਗੁਰੂ ਜੀ ਦਾ ਬਚਨ ਨਾ ਮੰਨਣ ਦੇ ਏਕੀ ਇੱਕੋ ਕਾਰਣ ਕਰਕੇ ਜਨਮੇਜਾ	Eaekee Kaaran Paapee Bhaeiaa ||	One mistake, and he became a sinner.	ਇਕ ਗ਼ਲਤੀ ਦੇ ਕਾਰਣ ਪਾਪੀ ਹੀ ਬਣਿਆ ਰਿਹਾ (ਭਾਵ, ਕੋੜ੍ਹ ਨਾਹ ਹਟਿਆ) ਤੇ ਰੋਇਆ।

40935	954	ਰੋਵਹਿ ਸੇਖ ਮਸਾਇਕ ਪੀਰ॥		Rovehi Saekh Masaaeik Peer ||	The Shaykhs, Pirs and spiritual teachers weep;	ਸ਼ੇਖ ਪੀਰ ਆਦਿਕ ਭੀ ਰੋਂਦੇ ਹਨ,
40936	954	ਅੰਤਿ ਕਾਲਿ ਮਤੁ ਲਾਗੈ ਭੀੜ॥		Anth Kaal Math Laagai Bheerr ||	At the very last instant, they suffer in agony.	ਕਿ ਮਤਾਂ ਅੰਤ ਦੇ ਸਮੇਂ ਕੋਈ ਬਿਪਤਾ ਆ ਪਏ।
40937	954	ਰੋਵਹਿ ਰਾਜੇ ਕੰਨ ਪੜਾਇ॥		Rovehi Raajae Kann Parraae ||	The kings weep - their ears are cut;	(ਭਰਥਰੀ ਗੋਪੀਚੰਦ ਆਦਿਕ) ਰਾਜੇ ਜੋਗੀ ਬਣ ਕੇ ਦੁਖੀ ਹੁੰਦੇ ਹਨ,
40938	954	ਘਰਿ ਘਰਿ ਮਾਗਹਿ ਭੀਖਿਆ ਜਾਇ॥		Ghar Ghar Maagehi Bheekhiaa Jaae ||	They go begging from house to house.	ਜਦੋਂ ਘਰ ਘਰ ਜਾ ਕੇ ਭਿੱਖਿਆ ਮੰਗਦੇ ਹਨ।
40939	954	ਰੋਵਹਿ ਕਿਰਪਨ ਸੰਚਹਿ ਧਨੁ ਜਾਇ॥		Rovehi Kirapan Sanchehi Dhhan Jaae ||	The miser weeps; he has to leave behind the wealth he has gathered.	ਸ਼ੂਮ ਧਨ ਇਕੱਠਾ ਕਰਦੇ ਹਨ ਪਰ ਰੋਂਦੇ ਹਨ ਜਦੋਂ ਉਹ ਧਨ (ਉਹਨਾਂ ਪਾਸੋਂ) ਚਲਾ ਜਾਂਦਾ ਹੈ,
40940	954	ਪੰਡਿਤ ਰੋਵਹਿ ਗਿਆਨੁ ਗਵਾਇ॥		Panddith Rovehi Giaan Gavaae ||	The Pandit, the religious scholar, weeps when his learning is gone.	ਗਿਆਨ ਦੀ ਥੁੜ ਦੇ ਕਾਰਨ ਪੰਡਿਤ ਭੀ ਖ਼ੁਆਰ ਹੁੰਦੇ ਹਨ।
40941	954	ਬਾਲੀ ਰੋਵੈ ਨਾਹਿ ਭਤਾਰੁ॥		Baalee Rovai Naahi Bhathaar ||	The young woman weeps because she has no husband.	ਇਸਤ੍ਰੀ ਰੋਂਦੀ ਹੈ ਜਦੋਂ (ਸਿਰ ਤੇ) ਪਤੀ ਨਾਹ ਰਹੇ।
40942	954	ਨਾਨਕ ਦੁਖੀਆ ਸਭੁ ਸੰਸਾਰੁ॥		Naanak Dhukheeaa Sabh Sansaar ||	O Nanak, the whole world is suffering.	ਹੇ ਨਾਨਕ! ਸਾਰਾ ਜਗਤ ਹੀ ਦੁਖੀ ਹੈ।

40943	954	ਮੰਨੇ ਨਾਉ ਸੋਈ ਜਿਣਿ ਜਾਇ॥		Mannae Naao Soee Jin Jaae ||	He alone is victorious, who believes in the Lord's Name.	ਜੋ ਮਨੁੱਖ ਪ੍ਰਭੂ ਦੇ ਨਾਮ ਨੂੰ ਮੰਨਦਾ ਹੈ (ਭਾਵ, ਜਿਸ ਦਾ ਮਨ ਪ੍ਰਭੂ ਦੇ ਨਾਮ ਵਿਚ ਪਤੀਜਦਾ ਹੈ) ਉਹ (ਜ਼ਿੰਦਗੀ ਦੀ ਬਾਜ਼ੀ) ਜਿੱਤ ਕੇ ਜਾਂਦਾ ਹੈ,
40944	954	ਅਉਰੀ ਕਰਮ ਨ ਲੇਖੈ ਲਾਇ॥੧॥		Aouree Karam N Laekhai Laae ||1||	No other action is of any account. ||1||	('ਨਾਮ' ਤੋਂ ਬਿਨਾ) ਕੋਈ ਹੋਰ ਕੰਮ (ਜ਼ਿੰਦਗੀ ਦੀ ਬਾਜ਼ੀ ਜਿੱਤਣ ਲਈ) ਸਫਲ ਨਹੀਂ ਹੁੰਦਾ ॥੧॥
40945	954	ਮਃ ੨॥		Ma 2 ||	Second Mehl:	
40946	954	ਜਪੁ ਤਪੁ ਸਭੁ ਕਿਛੁ ਮੰਨਿਐ ਅਵਰਿ ਕਾਰਾ ਸਭਿ ਬਾਦਿ॥		Jap Thap Sabh Kishh Manniai Avar Kaaraa Sabh Baadh ||	Meditation, austerity and everything come through belief in the Lord's Name. All other actions are useless.	ਜੇ ਮਨ ਪ੍ਰਭੂ ਦੇ ਨਾਮ ਵਿਚ ਪਤੀਜ ਜਾਏ ਤਾਂ ਜਪ ਤਪ ਆਦਿਕ ਹਰੇਕ ਉੱਦਮ (ਵਿੱਚੇ ਹੀ ਆ ਜਾਂਦਾ ਹੈ), (ਨਾਮ ਤੋਂ ਬਿਨਾ) ਹੋਰ ਸਾਰੇ ਕੰਮ ਵਿਅਰਥ ਹਨ।
40947	954	ਨਾਨਕ ਮੰਨਿਆ ਮੰਨੀਐ ਬੁਝੀਐ ਗੁਰ ਪਰਸਾਦਿ॥੨॥	ਬੁੱਝੀਐ	Naanak Manniaa Manneeai Bujheeai Gur Parasaadh ||2||	O Nanak, believe in the One who is worth believing in. By Guru's Grace, he is realized. ||2||	ਹੇ ਨਾਨਕ! 'ਨਾਮ' ਨੂੰ ਮੰਨਣ ਵਾਲਾ ਆਦਰ ਪਾਂਦਾ ਹੈ, ਇਹ ਗੱਲ ਗੁਰੂ ਦੀ ਕਿਰਪਾ ਨਾਲ ਸਮਝ ਸਕੀਦੀ ਹੈ ॥੨॥
40948	954	ਪਉੜੀ॥		Pourree ||	Pauree:	
40949	954	ਕਾਇਆ ਹੰਸ ਧੁਰਿ ਮੇਲੁ ਕਰਤੈ ਲਿਖਿ ਪਾਇਆ॥		Kaaeiaa Hans Dhhur Mael Karathai Likh Paaeiaa ||	The union of the body and the soul-swan was pre-ordained by the Creator Lord.	ਸਰੀਰ ਤੇ ਜੀਵਾਤਮਾ ਦਾ ਸੰਜੋਗ ਧੁਰੋਂ ਕਰਤਾਰ ਨੇ ਆਪਣੇ ਹੁਕਮ ਅਨੁਸਾਰ ਬਣਾ ਦਿੱਤਾ ਹੈ।

40950	954	ਸਭ ਮਹਿ ਗੁਪਤੁ ਵਰਤਦਾ ਗੁਰਮੁਖਿ ਪ੍ਰਗਟਾਇਆ॥		Sabh Mehi Gupath Varathadhaa Guramukh Pragattaaeiaa ||	He is hidden, and yet pervading all. He is revealed to the Gurmukh.	ਪ੍ਰਭੂ ਸਭ ਜੀਵਾਂ ਵਿਚ ਲੁਕਿਆ ਹੋਇਆ ਮੌਜੂਦ ਹੈ, ਗੁਰੂ ਦੀ ਰਾਹੀਂ ਪਰਗਟ ਹੁੰਦਾ ਹੈ।
40951	954	ਗੁਣ ਗਾਵੈ ਗੁਣ ਉਚਰੈ ਗੁਣ ਮਾਹਿ ਸਮਾਇਆ॥		Gun Gaavai Gun Oucharai Gun Maahi Samaaeiaa ||	Singing the Glorious Praises of the Lord, and chanting His Praises, one merges in His Glories.	(ਜੋ ਮਨੁੱਖ ਗੁਰੂ ਦੀ ਸਰਣ ਆ ਕੇ ਪ੍ਰਭੂ ਦੇ) ਗੁਣ ਗਾਂਦਾ ਹੈ ਗੁਣ ਉਚਾਰਦਾ ਹੈ ਉਹ ਗੁਣਾਂ ਵਿਚ ਲੀਨ ਹੋ ਜਾਂਦਾ ਹੈ।
40952	954	ਸਚੀ ਬਾਣੀ ਸਚੁ ਹੈ ਸਚੁ ਮੇਲਿ ਮਿਲਾਇਆ॥		Sachee Baanee Sach Hai Sach Mael Milaaeiaa ||	True is the True Word of the Guru's Bani. One unites in Union with the True Lord.	(ਸਤਿਗੁਰੂ ਦੀ) ਸੱਚੀ ਬਾਣੀ ਦੀ ਰਾਹੀਂ ਉਹ ਮਨੁੱਖ ਸੱਚੇ ਪ੍ਰਭੂ ਦਾ ਰੂਪ ਹੋ ਜਾਂਦਾ ਹੈ, ਗੁਰੂ ਨੇ ਸੱਚਾ ਪ੍ਰਭੂ ਉਸ ਨੂੰ ਸੰਗਤ ਵਿਚ (ਰੱਖ ਕੇ) ਮਿਲਾ ਦਿੱਤਾ।
40953	954	ਸਭੁ ਕਿਛੁ ਆਪੇ ਆਪਿ ਹੈ ਆਪੇ ਦੇਇ ਵਡਿਆਈ॥੧੪॥	ਦੇ-ਇ	Sabh Kishh Aapae Aap Hai Aapae Dhaee Vaddiaaee ||14||	He Himself is everything; He Himself grants glorious greatness. ||14||	ਹਰੇਕ ਹਸਤੀ ਵਿਚ ਪ੍ਰਭੂ ਆਪ ਹੀ ਮੌਜੂਦ ਹੈ ਤੇ ਆਪ ਹੀ ਵਡਿਆਈ ਬਖ਼ਸ਼ਦਾ ਹੈ ॥੧੪॥
40954	954	ਸਲੋਕ ਮਃ ੨॥		Salok Ma 2 ||	Shalok, Second Mehl:	
40955	954	ਨਾਨਕ ਅੰਧਾ ਹੋਇ ਕੈ ਰਤਨਾ ਪਰਖਣ ਜਾਇ॥		Naanak Andhhaa Hoe Kai Rathanaa Parakhan Jaae ||	O Nanak, the blind man may go to appraise the jewels,	ਹੇ ਨਾਨਕ! ਜੋ ਮਨੁੱਖ ਆਪ ਅੰਨ੍ਹਾ ਹੋਵੇ ਤੇ ਤੁਰ ਪਏ ਰਤਨ ਪਰਖਣ,

40956	954	ਰਤਨਾ ਸਾਰ ਨ ਜਾਣਈ ਆਵੈ ਆਪੁ ਲਖਾਇ॥੧॥		Rathanaa Saar N Jaanee Aavai Aap Lakhaae ||1||	But he will not know their value; he will return home after exposing his ignorance. ||1||	ਉਹ ਰਤਨਾਂ ਦੀ ਕਦਰ ਤਾਂ ਜਾਣਦਾ ਨਹੀਂ, ਪਰ ਆਪਣਾ ਆਪ ਨਸ਼ਰ ਕਰਾ ਆਉਂਦਾ ਹੈ (ਭਾਵ, ਆਪਣਾ ਅੰਨ੍ਹਾ-ਪਨ ਜ਼ਾਹਰ ਕਰ ਆਉਂਦਾ ਹੈ) ॥੧॥
40957	954	ਮਃ ੨॥		Ma 2 ||	Second Mehl:	
40958	954	ਰਤਨਾ ਕੇਰੀ ਗੁਥਲੀ ਰਤਨੀ ਖੋਲੀ ਆਇ॥		Rathanaa Kaeree Guthhalee Rathanee Kholee Aae ||	The Jeweller has come, and opened up the bag of jewels.	ਪ੍ਰਭੂ ਦੇ ਗੁਣਾਂ-ਰੂਪ ਰਤਨਾਂ ਦੀ ਥੈਲੀ ਸਤਿਗੁਰੂ ਨੇ ਆ ਕੇ ਖੋਲ੍ਹੀ ਹੈ।
40959	954	ਵਖਰ ਤੈ ਵਣਜਾਰਿਆ ਦੁਹਾ ਰਹੀ ਸਮਾਇ॥	ਵੱਖਰ	Vakhar Thai Vanajaariaa Dhuhaa Rehee Samaae ||	The merchandise and the merchant are merged together.	ਇਹ ਗੁੱਥੀ ਵੇਚਣ ਵਾਲੇ ਸਤਿਗੁਰੂ ਅਤੇ ਵਿਹਾਝਣ ਵਾਲੇ ਗੁਰਮੁਖ ਦੋਹਾਂ ਦੇ ਹਿਰਦੇ ਵਿਚ ਟਿਕ ਰਹੀ ਹੈ (ਭਾਵ, ਦੋਹਾਂ ਨੂੰ ਇਹ ਗੁਣ ਪਿਆਰੇ ਲੱਗ ਰਹੇ ਹਨ)।
40960	954	ਜਿਨ ਗੁਣੁ ਪਲੈ ਨਾਨਕਾ ਮਾਣਕ ਵਣਜਹਿ ਸੇਇ॥		Jin Gun Palai Naanakaa Maanak Vanajehi Saee ||	They alone purchase the gem, O Nanak, who have virtue in their purse.	ਹੇ ਨਾਨਕ! ਜਿਨ੍ਹਾਂ ਦੇ ਪਾਸ (ਭਾਵ, ਹਿਰਦੇ ਵਿਚ) ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਗੁਣ ਮੌਜੂਦ ਹੈ ਉਹ ਮਨੁੱਖ ਹੀ ਨਾਮ-ਰਤਨ ਵਿਹਾਝਦੇ ਹਨ;
40961	954	ਰਤਨਾ ਸਾਰ ਨ ਜਾਣਈ ਅੰਧੇ ਵਤਹਿ ਲੋਇ॥੨॥	ਵੱਤਹਿ	Rathanaa Saar N Jaananee Andhhae Vathehi Loe ||2||	Those who do not appreciate the value of the jewels, wander like blind men in the world. ||2||	ਪਰ ਜੋ ਇਹਨਾਂ ਰਤਨਾਂ ਦੀ ਕਦਰ ਨਹੀਂ ਜਾਣਦੇ ਉਹ ਅੰਨ੍ਹਿਆਂ ਵਾਂਗ ਜਗਤ ਵਿਚ ਫਿਰਦੇ ਹਨ ॥੨॥
40962	954	ਪਉੜੀ॥		Pourree ||	Pauree:	

40963	954	ਨਉ ਦਰਵਾਜੇ ਕਾਇਆ ਕੋਟੁ ਹੈ ਦਸਵੈ ਗੁਪਤੁ ਰਖੀਜੈ॥		No Dharavaajae Kaaeiaa Kott Hai Dhasavai Gupath Rakheejai ||	The fortress of the body has nine gates; the tenth gate is kept hidden.	ਸਰੀਰ (ਮਾਨੋ, ਇਕ) ਕਿਲ੍ਹਾ ਹੈ, ਇਸ ਦੇ ਨੌ ਗੋਲਕਾਂ-ਰੂਪ ਦਰਵਾਜ਼ੇ (ਪਰਗਟ) ਹਨ, ਤੇ ਦਸਵਾਂ ਦਰਵਾਜ਼ਾ ਗੁਪਤ ਰੱਖਿਆ ਹੋਇਆ ਹੈ।
40964	954	ਬਜਰ ਕਪਾਟ ਨ ਖੁਲਨੀ ਗੁਰ ਸਬਦਿ ਖੁਲੀਜੈ॥		Bajar Kapaatt N Khulanee Gur Sabadh Khuleejai ||	The rigid door is not open; only through the Word of the Guru's Shabad can it be opened.	(ਉਸ ਦਸਵੇਂ ਦਰਵਾਜ਼ੇ ਦੇ) ਕਵਾੜ ਬੜੇ ਕਰੜੇ ਹਨ ਖੁਲ੍ਹਦੇ ਨਹੀਂ, ਖੁਲ੍ਹਦੇ (ਕੇਵਲ) ਸਤਿਗੁਰੂ ਦੇ ਸ਼ਬਦ ਦੀ ਰਾਹੀਂ ਹਨ।
40965	954	ਅਨਹਦ ਵਾਜੇ ਧੁਨਿ ਵਜਦੇ ਗੁਰ ਸਬਦਿ ਸੁਣੀਜੈ॥		Anehadh Vaajae Dhhun Vajadhae Gur Sabadh Suneejai ||	The unstruck sound current resounds and vibrates there. The Word of the Guru's Shabad is heard.	(ਜਦੋਂ ਇਹ ਕਰੜੇ ਕਵਾੜ ਖੁਲ੍ਹ ਜਾਂਦੇ ਹਨ ਤਾਂ, ਮਾਨੋ,) ਇਕ-ਰਸ ਵਾਲੇ ਵਾਜੇ ਵੱਜ ਪੈਂਦੇ ਹਨ ਜੋ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਸੁਣੀਦੇ ਹਨ।
40966	954	ਤਿਤੁ ਘਟ ਅੰਤਰਿ ਚਾਨਣਾ ਕਰਿ ਭਗਤਿ ਮਿਲੀਜੈ॥		Thith Ghatt Anthar Chaananaa Kar Bhagath Mileejai ||	Deep within the nucleus of the heart, the Divine Light shines forth. Through devotional worship, one meets the Lord.	(ਜਿਸ ਹਿਰਦੇ ਵਿਚ ਇਹ ਆਨੰਦ ਪੈਦਾ ਹੁੰਦਾ ਹੈ) ਉਸ ਹਿਰਦੇ ਵਿਚ (ਗਿਆਨ ਦਾ) ਚਾਨਣ ਹੋ ਜਾਂਦਾ ਹੈ, ਪ੍ਰਭੂ ਦੀ ਭਗਤੀ ਕਰ ਕੇ ਉਹ ਮਨੁੱਖ ਪ੍ਰਭੂ ਵਿਚ ਮਿਲ ਜਾਂਦਾ ਹੈ।
40967	954	ਸਭ ਮਹਿ ਏਕੁ ਵਰਤਦਾ ਜਿਨਿ ਆਪੇ ਰਚਨ ਰਚਾਈ॥੧੫॥		Sabh Mehi Eaek Varathadhaa Jin Aapae Rachan Rachaaee ||15||	The One Lord is pervading and permeating all. He Himself created the creation. ||15||	ਜਿਸ ਪ੍ਰਭੂ ਨੇ ਇਹ ਸਾਰੀ ਰਚਨਾ ਰਚੀ ਹੈ ਉਹ ਸਾਰੇ ਜੀਵਾਂ ਵਿਚ ਵਿਆਪਕ ਹੈ (ਪਰ ਉਸ ਨਾਲ ਮੇਲ ਗੁਰੂ ਦੀ ਰਾਹੀਂ ਹੀ ਹੁੰਦਾ ਹੈ) ॥੧੫॥
40968	954	ਸਲੋਕ ਮਃ ੨॥		Salok Ma 2 ||	Shalok, Second Mehl:	

40969	954	ਅੰਧੇ ਕੈ ਰਾਹਿ ਦਸਿਐ ਅੰਧਾ ਹੋਇ ਸੁ ਜਾਇ॥		Andhhae Kai Raahi Dhasiai Andhhaa Hoe S Jaae ||	He is truly blind, who follows the way shown by the blind man.	ਜੇ ਕੋਈ ਅੰਨ੍ਹਾ ਮਨੁੱਖ (ਕਿਸੇ ਹੋਰ ਨੂੰ) ਰਾਹ ਦੱਸੇ ਤਾਂ (ਉਸ ਰਾਹ ਉਤੇ) ਉਹੀ ਤੁਰਦਾ ਹੈ ਜੋ ਆਪ ਅੰਨ੍ਹਾ ਹੋਵੇ।
40970	954	ਹੋਇ ਸੁਜਾਖਾ ਨਾਨਕਾ ਸੋ ਕਿਉ ਉਝੜਿ ਪਾਇ॥	ਉੱਝੜਿ	Hoe Sujaakhaa Naanakaa So Kio Oujharr Paae ||	O Nanak, why should the one who can see, get lost?	ਹੇ ਨਾਨਕ! ਸੁਜਾਖਾ ਮਨੁੱਖ (ਅੰਨ੍ਹੇ ਦੇ ਆਖੇ) ਕੁਰਾਹੇ ਨਹੀਂ ਪੈਂਦਾ।
40971	954	ਅੰਧੇ ਏਹਿ ਨ ਆਖੀਅਨਿ ਜਿਨ ਮੁਖਿ ਲੋਇਣ ਨਾਹਿ॥		Andhhae Eaehi N Aakheean Jin Mukh Loein Naahi ||	Do not call them blind, who have no eyes in their face.	(ਪਰ ਆਤਮਕ ਜੀਵਨ ਵਿਚ) ਇਹੋ ਜਿਹੇ ਬੰਦਿਆਂ ਨੂੰ ਅੰਨ੍ਹੇ ਨਹੀਂ ਕਹੀਦਾ ਜਿਨ੍ਹਾਂ ਦੇ ਮੂੰਹ ਉਤੇ ਅੱਖਾਂ ਨਹੀਂ ਹਨ,
40972	954	ਅੰਧੇ ਸੇਈ ਨਾਨਕਾ ਖਸਮਹੁ ਘੁਥੇ ਜਾਹਿ॥੧॥	ਘੁੱਥੇ	Andhhae Saeee Naanakaa Khasamahu Ghuthhae Jaahi ||1||	They alone are blind, O Nanak, who wander away from their Lord and Master. ||1||	ਹੇ ਨਾਨਕ! ਅੰਨ੍ਹੇ ਉਹੀ ਹਨ ਜੋ ਮਾਲਕ-ਪ੍ਰਭੂ ਤੋਂ ਖੁੰਝੇ ਜਾ ਰਹੇ ਹਨ ॥੧॥
40973	954	ਮਃ੨॥	ਮਃ ੨ ਸ਼ੁੱਧ ਹੈ	Ma 2 ||	Second Mehl:	

40974	954	ਸਾਹਬਿ ਅੰਧਾ ਜੋ ਕੀਆ ਕਰੇ ਸੁਜਾਖਾ ਹੋਇ॥	ਸਨਮੁਖਿ ਬੇਨਤੀ ਕਰਦੇ ਹਨ: ਹੇ (ਸਾਹਬਿ) ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ, ਦਾਸਨਦਾਸ ਨੇ ਜੋ ਭੀ ਕੀਤਾ ਹੈ (ਅੰਧਾ) ਕੂੜ ਹੀ (ਕੀਆ) ਕੀਤਾ ਹੈ, ਆਪ ਜੀ ਤੋਂ ਜੋ ਹੁੰਦਾ ਹੈ (ਸੁਜਾਖਾ) ਚੰਗਾ ਗਿਆਨ ਸਹਿਤ ਹੀ (ਹੋਇ) ਹੁੰਦਾ ਹੈ	Saahib Andhhaa Jo Keeaa Karae Sujaakhaa Hoe ||	One whom the Lord has made blind - the Lord can make him see again.	ਜਿਸ ਮਨੁੱਖ ਨੂੰ ਮਾਲਕ-ਪ੍ਰਭੂ ਨੇ ਆਪ ਅੰਨ੍ਹਾ ਕਰ ਦਿੱਤਾ ਹੈ, ਉਹ ਤਾਂ ਹੀ ਸੁਜਾਖਾ ਹੋ ਸਕਦਾ ਹੈ ਜੇ ਪ੍ਰਭੂ ਆਪ (ਸੁਜਾਖਾ) ਬਣਾਏ,
40975	954	ਜੇਹਾ ਜਾਣੈ ਤੇਹੋ ਵਰਤੈ ਜੇ ਸਉ ਆਖੈ ਕੋਇ॥		Jaehaa Jaanai Thaeho Varathai Jae So Aakhai Koe ||	He acts only as he knows, although he may be spoken to a hundred times.	(ਨਹੀਂ ਤਾਂ, ਅੰਨ੍ਹਾ ਮਨੁੱਖ ਤਾਂ) ਜਿਹੋ ਜਿਹੀ ਸਮਝ ਰੱਖਦਾ ਹੈ ਉਸੇ ਤਰ੍ਹਾਂ ਕਰੀ ਜਾਂਦਾ ਹੈ ਭਾਵੇਂ ਉਸ ਨੂੰ ਕੋਈ ਸੌ ਵਾਰੀ ਸਮਝਾਏ।
40976	954	ਜਿਥੈ ਸੁ ਵਸਤੁ ਨ ਜਾਪਈ ਆਪੇ ਵਰਤਉ ਜਾਣਿ॥		Jithhai S Vasath N Jaapee Aapae Varatho Jaan ||	Where the real thing is not seen, self-conceit prevails there - know this well.	ਜਿਸ ਮਨੁੱਖ ਦੇ ਅੰਦਰ 'ਨਾਮ'-ਰੂਪ ਪਦਾਰਥ ਦੀ ਸੋਝੀ ਨਹੀਂ ਓਥੇ ਆਪਾ-ਭਾਵ ਦੀ ਵਰਤੋਂ ਹੋ ਰਹੀ ਸਮਝੋ,
40977	954	ਨਾਨਕ ਗਾਹਕੁ ਕਿਉ ਲਏ ਸਕੈ ਨ ਵਸਤੁ ਪਛਾਣਿ॥੨॥		Naanak Gaahak Kio Leae Sakai N Vasath Pashhaan ||2||	O Nanak, how can the purshaser purchase the real thing, if he cannot recognize it? ||2||	(ਕਿਉਂਕਿ) ਹੇ ਨਾਨਕ! ਗਾਹਕ ਜਿਸ ਸਉਦੇ ਨੂੰ ਪਛਾਣ ਹੀ ਨਹੀਂ ਸਕਦਾ ਉਸ ਨੂੰ ਉਹ ਵਿਹਾਵੇ ਕਿਵੇਂ? ॥੨॥
40978	954	ਮਃ ੨॥		Ma 2 ||	Second Mehl:	

40979	954	ਸੋ ਕਿਉ ਅੰਧਾ ਆਖੀਐ ਜਿ ਹੁਕਮਹੁ ਅੰਧਾ ਹੋਇ॥		So Kio Andhhaa Aakheeai J Hukamahu Andhhaa Hoe ||	How can someone be called blind, if he was made blind by the Lord's Command?	ਜੋ ਮਨੁੱਖ ਪ੍ਰਭੂ ਦੀ ਰਜ਼ਾ ਵਿਚ ਨੇਤ੍ਰ-ਹੀਣ ਹੋ ਗਿਆ ਉਸ ਨੂੰ ਅਸੀਂ ਅੰਨ੍ਹਾ ਨਹੀਂ ਆਖਦੇ।
40980	954	ਨਾਨਕ ਹੁਕਮੁ ਨ ਬੁਝਈ ਅੰਧਾ ਕਹੀਐ ਸੋਇ॥੩॥	ਬੁੱਝਈ	Naanak Hukam N Bujhee Andhhaa Keheeai Soe ||3||	O Nanak, one who does not understand the Hukam of the Lord's Command should be called blind. ||3||	ਹੇ ਨਾਨਕ! ਉਹ ਮਨੁੱਖ ਅੰਨ੍ਹਾ ਕਿਹਾ ਜਾਂਦਾ ਹੈ ਜੋ ਰਜ਼ਾ ਨੂੰ ਸਮਝਦਾ ਨਹੀਂ ॥੩॥
40981	955	ਪਉੜੀ॥		Pourree ||	Pauree:	
40982	955	ਕਾਇਆ ਅੰਦਰਿ ਗੜੁ ਕੋਟੁ ਹੈ ਸਭਿ ਦਿਸੰਤਰ ਦੇਸਾ॥	ਗੜ੍ਹ	Kaaeiaa Andhar Garr Kott Hai Sabh Dhisanthar Dhaesaa ||	Deep within the body is the fortress of the Lord, and all lands and countries.	(ਮਨੁੱਖਾ-) ਸਰੀਰ ਦੇ ਅੰਦਰ (ਮਨੁੱਖ ਦਾ ਹਿਰਦਾ-ਰੂਪ) ਜਿਸ ਪ੍ਰਭੂ ਦਾ ਕਿਲ੍ਹਾ ਹੈ ਗੜ੍ਹ ਹੈ ਉਹ ਪ੍ਰਭੂ ਸਾਰੇ ਦੇਸ ਦੇਸਾਂਤਰਾਂ ਵਿਚ ਮੌਜੂਦ ਹੈ।
40983	955	ਆਪੇ ਤਾੜੀ ਲਾਈਅਨੁ ਸਭ ਮਹਿ ਪਰਵੇਸਾ॥		Aapae Thaarree Laaeean Sabh Mehi Paravaesaa ||	He Himself sits in primal, profound Samaadhi; He Himself is all-pervading.	ਸਾਰੇ ਜੀਵਾਂ ਦੇ ਅੰਦਰ ਪਰਵੇਸ਼ ਕਰ ਕੇ ਉਸ ਨੇ ਆਪ ਹੀ (ਜੀਵਾਂ ਦੇ ਅੰਦਰ) ਤਾੜੀ ਲਾਈ ਹੋਈ ਹੈ (ਉਹ ਆਪ ਹੀ ਜੀਵਾਂ ਦੇ ਅੰਦਰ ਟਿਕਿਆ ਹੋਇਆ ਹੈ)।
40984	955	ਆਪੇ ਸ੍ਰਿਸਟਿ ਸਾਜੀਅਨੁ ਆਪਿ ਗੁਪਤੁ ਰਖੇਸਾ॥		Aapae Srisatt Saajeean Aap Gupath Rakhaesaa ||	He Himself created the Universe, and He Himself remains hidden within it.	ਪ੍ਰਭੂ ਨੇ ਆਪ ਹੀ ਸ੍ਰਿਸ਼ਟੀ ਸਾਜੀ ਹੈ ਤੇ ਆਪ ਹੀ (ਉਸ ਸ੍ਰਿਸ਼ਟੀ ਵਿਚ ਉਸ ਨੇ ਆਪਣੇ ਆਪ ਨੂੰ) ਲੁਕਾਇਆ ਹੋਇਆ ਹੈ।

40985	955	ਗੁਰ ਸੇਵਾ ਤੇ ਜਾਣਿਆ ਸਚੁ ਪਰਗਟੀ ਏਸਾ॥	ਏਸਾ ਬ੍ਰਹਮ (ਦੂਜਾ ਪਾਠ: ਪਰਗਟੀਏਸਾ)	Gur Saevaa Thae Jaaniaa Sach Paragatteeeaesaa ||	Serving the Guru, the Lord is known, and the Truth is revealed.	ਉਸ ਪ੍ਰਭੂ ਦੀ ਸੂਝ ਸਤਿਗੁਰੂ ਦੇ ਹੁਕਮ ਵਿਚ ਤੁਰਿਆਂ ਆਉਂਦੀ ਹੈ (ਤਾਂ ਹੀ) ਸੱਚਾ ਪ੍ਰਭੂ ਪਰਗਟ ਹੁੰਦਾ ਹੈ।
40986	955	ਸਭੁ ਕਿਛੁ ਸਚੋ ਸਚੁ ਹੈ ਗੁਰਿ ਸੋਝੀ ਪਾਈ॥੧੬॥		Sabh Kishh Sacho Sach Hai Gur Sojhee Paaee ||16||	He is True, the Truest of the True; the Guru has imparted this understanding. ||16||	ਹੈ ਤਾਂ ਹਰ ਥਾਂ ਸੱਚਾ ਪ੍ਰਭੂ ਆਪ ਹੀ ਆਪ, ਪਰ ਇਹ ਸਮਝ ਸਤਿਗੁਰੂ ਦੀ ਰਾਹੀਂ ਹੀ ਪੈਂਦੀ ਹੈ ॥੧੬॥
40987	955	ਸਲੋਕ ਮਃ ੧॥		Salok Ma 1 ||	Shalok, First Mehl:	
40988	955	ਸਾਵਣੁ ਰਾਤਿ ਅਹਾੜੁ ਦਿਹੁ ਕਾਮੁ ਕ੍ਰੋਧੁ ਦੁਇ ਖੇਤ॥		Saavan Raath Ahaarr Dhihu Kaam Krodhh Dhue Khaeth ||	Night is the summer season, and day is the winter season; sexual desire and anger are the two fields planted.	(ਜਿਸ ਜੀਵ ਦੀ) ਰਾਤ ਸਾਉਣੀ ਦੀ ਫ਼ਸਲ ਹੈ ਤੇ 'ਕਾਮ' ਜਿਸ ਦੀ ਪੈਲੀ ਹੈ (ਭਾਵ, ਜੋ ਜੀਵ ਆਪਣੀ ਰਾਤ 'ਕਾਮ' ਦੇ ਅਧੀਨ ਹੋ ਕੇ ਗੁਜ਼ਾਰਦਾ ਹੈ), ਜਿਸ ਦਾ ਦਿਨ ਹਾੜੀ ਦੀ ਫ਼ਸਲ ਹੈ ਤੇ 'ਕ੍ਰੋਧ' ਜਿਸ ਦੀ ਪੈਲੀ ਹੈ (ਭਾਵ, ਜੋ ਦਿਨ ਦਾ ਸਮਾ ਕ੍ਰੋਧ ਦੇ ਅਧੀਨ ਬਿਤਾਂਦਾ ਹੈ),
40989	955	ਲਬੁ ਵਤ੍ਰ ਦਰੋਗੁ ਬੀਉ ਹਾਲੀ ਰਾਹ ਕੁਹੇਤ॥	(ਦਰੋਗੁ) ਝੂਠ। (ਰਾਹ) ਰਸਤੇ। ਵਿਕਾਰਾਂ ਚ ਕੁਹੇਤ ਖੋਟਾ ਪ੍ਰੇਮ। ਵੱਤ੍ਰ, ਹਾਲੀ: ਪੋਲਾ ਬੋਲੋ	Lab Vathr Dharog Beeo Haalee Raahak Haeth ||	Greed prepares the soil, and the seed of falsehood is planted; attachment and love are the farmer and hired hand.	ਜਿਸ ਜੀਵ ਲਈ 'ਲੱਬ' ਵੱਤਰ ਦਾ ਕੰਮ ਦੇਂਦਾ) ਹੈ ਤੇ ਝੂਠ (ਜਿਸ ਦੇ ਫ਼ਸਲ ਲਈ) ਬੀਜ ਹੈ (ਭਾਵ, ਜੋ ਲੱਬ ਦਾ ਪ੍ਰੇਰਿਆ ਹੋਇਆ ਝੂਠ ਬੋਲਦਾ ਹੈ)।

40990	955	ਹਲੁ ਬੀਚਾਰੁ ਵਿਕਾਰ ਮਨ ਹੁਕਮੀ ਖਟੇ ਖਾਇ॥	ਹਲ਼ੁ: ਪੋਲਾ ਬੋਲੋ। ਖੱਟੇ।	Hal Beechaar Vikaar Man Hukamee Khattae Khaae ||	Contemplation is the plow, and corruption is the harvest; this is what one earns and eats, according to the Hukam of the Lord's Command.	'ਮੋਹ' ਜਿਸ ਜੀਵ ਲਈ ਹਲ ਵਾਹੁਣ ਵਾਲਾ ਹੈ ਤੇ ਬੀਜ ਬੀਜਣ ਵਾਲਾ ਹੈ; ਵਿਕਾਰਾਂ ਦੀ ਵਿਚਾਰ ਜਿਸ ਜੀਵ ਦਾ 'ਹਲ' ਹੈ; ਵਿਕਾਰਾਂ ਦਾ ਬੋਹਲ ਜਿਸ ਨੇ ਇਕੱਠਾ ਕੀਤਾ ਹੈ, ਉਹ ਮਨੁੱਖ ਪ੍ਰਭੂ ਦੇ ਹੁਕਮ ਵਿਚ ਆਪਣੀ ਕੀਤੀ ਇਸ ਕਮਾਈ ਦਾ ਖਟਿਆ ਖਾਂਦਾ ਹੈ।
40991	955	ਨਾਨਕ ਲੇਖੈ ਮੰਗਿਐ ਅਉਤੁ ਜਣੇਦਾ ਜਾਇ॥੧॥		Naanak Laekhai Mangiai Aouth Janaedhaa Jaae ||1||	O Nanak, when one is called to give his account, he will be barren and infertile. ||1||	ਹੇ ਨਾਨਕ! ਜਦੋਂ ਜੀਵ ਦੀ ਕਰਤੂਤ ਦਾ ਲੇਖਾ ਮੰਗਿਆ ਜਾਂਦਾ ਹੈ ਤਦੋਂ ਪਤਾ ਲੱਗਦਾ ਹੈ ਕਿ ਅਜੇਹਾ ਜੀਵ-ਰੂਪ) ਪਿਉ (ਜਗਤ ਤੋਂ) ਅਉਤ੍ਰਾ ਹੀ ਜਾਂਦਾ ਹੈ (ਭਾਵ, ਜੀਵਨ ਅਜਾਂਈ ਗੁਆ ਜਾਂਦਾ ਹੈ) ॥੧॥
40992	955	ਮਃ ੧॥		Ma 1 ||	First Mehl:	
40993	955	ਭਉ ਭੁਇ ਪਵਿਤੁ ਪਾਣੀ ਸਤੁ ਸੰਤੋਖੁ ਬਲੇਦ॥		Bho Bhue Pavith Paanee Sath Santhokh Balaedh ||	Make the Fear of God the farm, purity the water, truth and contentment the cows and bulls,	ਜੇ ਪ੍ਰਭੂ ਦਾ ਡਰ ਪੈਲੀ ਬਣੇ, ਸੁੱਧ ਆਚਰਨ (ਉਸ ਪੈਲੀ ਲਈ) ਪਾਣੀ ਹੋਵੇ, ਸਤ ਤੇ ਸੰਤੋਖ (ਉਸ ਪੈਲੀ ਨੂੰ ਵਾਹੁਣ ਲਈ) ਬਲਦ ਹੋਣ;

40994	955	ਹਲੁ ਹਲੇਮੀ ਹਾਲੀ ਚਿਤੁ ਚੇਤਾ ਵਤ੍ਰ ਵਖਤ ਸੰਜੋਗੁ॥	ਵੱਤ੍ਰ	Hal Halaemee Haalee Chith Chaethaa Vathr Vakhath Sanjog ||	Humility the plow, consciousness the plowman, remembrance the preparation of the soil, and union with the Lord the planting time.	ਨਿਮ੍ਰਤਾ ਦਾ ਹਲ ਹੋਵੇ, (ਜੁੜਿਆ ਹੋਇਆ) ਚਿੱਤ ਹਲ ਵਾਹੁਣ ਵਾਲਾ ਹੋਵੇ, ਪ੍ਰਭੂ ਦੇ ਸਿਮਰਨ ਦਾ ਵੱਤਰ ਹੋਵੇ ਤੇ ਗੁਰੂ ਦਾ ਮਿਲਾਪ (ਬੀਜ ਬੀਜਣ ਦਾ) ਸਮਾ ਹੋਵੇ,
40995	955	ਨਾਉ ਬੀਜੁ ਬਖਸੀਸ ਬੋਹਲ ਦੁਨੀਆ ਸਗਲ ਦਰੋਗ॥		Naao Beej Bakhasees Bohal Dhuneeaa Sagal Dharog ||	Let the Lord's Name be the seed, and His Forgiving Grace the harvest. Do this, and the whole world will seem false.	ਪ੍ਰਭੂ ਦਾ 'ਨਾਮ' ਬੀਜ ਹੋਵੇ ਤਾਂ ਪ੍ਰਭੂ ਦੀ ਬਖ਼ਸ਼ਸ਼ ਦਾ ਬੋਹਲ ਇਕੱਠਾ ਹੁੰਦਾ ਹੈ ਤੇ ਦੁਨੀਆ ਸਾਰੀ ਝੂਠੀ ਦਿੱਸ ਪੈਂਦੀ ਹੈ (ਭਾਵ, ਇਹ ਸਮਝ ਆ ਜਾਂਦੀ ਹੈ ਕਿ ਦੁਨੀਆ ਦਾ ਸਾਥ ਸਦਾ ਨਿਭਣ ਵਾਲਾ ਨਹੀਂ)।
40996	955	ਨਾਨਕ ਨਦਰੀ ਕਰਮੁ ਹੋਇ ਜਾਵਹਿ ਸਗਲ ਵਿਜੋਗ॥੨॥		Naanak Nadharee Karam Hoe Jaavehi Sagal Vijog ||2||	O Nanak, if He bestows His Merciful Glance of Grace, then all your separation will be ended. ||2||	ਹੇ ਨਾਨਕ! (ਇਸ ਉੱਦਮ ਨਾਲ ਜਦੋਂ) ਪ੍ਰਭੂ ਦੀ ਮੇਹਰ ਹੁੰਦੀ ਹੈ ਤਾਂ (ਉਸ ਨਾਲ) ਸਾਰੇ ਵਿਛੋੜੇ ਦੂਰ ਹੋ ਜਾਂਦੇ ਹਨ ॥੨॥
40997	955	ਪਉੜੀ॥		Pourree ||	Pauree:	
40998	955	ਮਨਮੁਖਿ ਮੋਹੁ ਗੁਬਾਰੁ ਹੈ ਦੂਜੈ ਭਾਇ ਬੋਲੈ॥		Manamukh Mohu Gubaar Hai Dhoojai Bhaae Bolai ||	The self-willed manmukh is trapped in the darkness of emotional attachment; in the love of duality he speaks.	ਜੋ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ ਉਸ ਦੇ ਅੰਦਰ ਮੋਹ-ਰੂਪ ਘੁੱਪ ਹਨੇਰਾ ਹੈ, (ਉਹ ਜੋ ਬਚਨ ਬੋਲਦਾ ਹੈ) ਮਾਇਆ ਦੇ ਮੋਹ ਵਿਚ ਹੀ ਬੋਲਦਾ ਹੈ।

40999	955	ਦੂਜੈ ਭਾਇ ਸਦਾ ਦੁਖੁ ਹੈ ਨਿਤ ਨੀਰੁ ਵਿਰੋਲੈ॥		Dhoojai Bhaae Sadhaa Dhukh Hai Nith Neer Virolai ||	The love of duality brings pain forever; he churns the water endlessly.	ਉਹ (ਮਾਨੋ) ਸਦਾ ਪਾਣੀ ਰਿੜਕਦਾ ਹੈ ਤੇ ਮਾਇਆ ਦੇ ਮੋਹ ਦੇ ਕਾਰਣ ਉਸ ਨੂੰ ਸਦਾ ਦੁੱਖ (ਹੁੰਦਾ) ਹੈ।
41000	955	ਗੁਰਮੁਖਿ ਨਾਮੁ ਧਿਆਈਐ ਮਥਿ ਤਤੁ ਕਢੋਲੈ॥	ਮਥਿ: ਪੋਲਾ ਬੋਲੋ, ਤੱਤੁ	Guramukh Naam Dhhiaaeeai Mathh Thath Kadtolai ||	The Gurmukh meditates on the Naam, the Name of the Lord; he churns, and obtains the essence of reality.	ਜੋ ਮਨੁੱਖ ਗੁਰੂ ਦੇ ਹੁਕਮ ਵਿਚ ਤੁਰਦਾ ਹੈ ਉਹ ਪ੍ਰਭੂ ਦਾ ਨਾਮ ਸਿਮਰਦਾ ਹੈ ਉਹ (ਮਾਨੋ, ਦੁੱਧ) ਰਿੜਕ ਕੇ ਪ੍ਰਭੂ ਦਾ ਨਾਮ-ਰੂਪ ਮੱਖਣ ਕੱਢਦਾ ਹੈ।
41001	955	ਅੰਤਰਿ ਪਰਗਾਸੁ ਘਟਿ ਚਾਨਣਾ ਹਰਿ ਲਧਾ ਟੋਲੈ॥	ਲੱਧਾ	Anthar Paragaas Ghatt Chaananaa Har Ladhhaa Ttolai ||	The Divine Light illuminates his heart deep within; he seeks the Lord, and obtains Him.	ਉਸ ਦੇ ਹਿਰਦੇ ਵਿਚ (ਪ੍ਰਭੂ ਦਾ) ਪ੍ਰਕਾਸ਼ ਹੋ ਜਾਂਦਾ ਹੈ ਦਿਲ ਵਿਚ (ਗਿਆਨ ਦਾ) ਚਾਨਣ ਹੋ ਜਾਂਦਾ ਹੈ, ਉਸ ਨੇ (ਗੁਰੂ ਦੀ ਰਾਹੀਂ) ਭਾਲ ਕਰ ਕੇ ਪ੍ਰਭੂ ਨੂੰ ਲੱਭ ਲਿਆ ਹੈ।
41002	955	ਆਪੇ ਭਰਮਿ ਭੁਲਾਇਦਾ ਕਿਛੁ ਕਹਣੁ ਨ ਜਾਈ॥੧੭॥		Aapae Bharam Bhulaaeidhaa Kishh Kehan N Jaaee ||17||	He Himself deludes in doubt; no one can comment on this. ||17||	(ਜਿਸ ਕਿਸੇ ਨੂੰ ਭੁਲਾਂਦਾ ਹੈ) ਪ੍ਰਭੂ ਆਪ ਹੀ ਭਰਮ ਭੁਲਾਂਦਾ ਹੈ (ਕਿਸੇ ਦੇ ਸਿਰ ਕੀਹ ਦੋਸ਼?) ਕੋਈ ਗੱਲ ਕਹੀ ਨਹੀਂ ਜਾ ਸਕਦੀ ॥੧੭॥
41003	955	ਸਲੋਕ ਮਃ ੨॥		Salok Ma 2 ||	Shalok, Second Mehl:	

41004	955	ਨਾਨਕ ਚਿੰਤਾ ਮਤਿ ਕਰਹੁ ਚਿੰਤਾ ਤਿਸ ਹੀ ਹੇਇ॥		Naanak Chinthaa Math Karahu Chinthaa This Hee Haee ||	O Nanak, don't be anxious; the Lord will take care of you.	ਹੇ ਨਾਨਕ! (ਆਪਣੀ ਰੋਜ਼ੀ ਲਈ) ਫ਼ਿਕਰ ਚਿੰਤਾ ਨਾਹ ਕਰੋ, ਇਹ ਫ਼ਿਕਰ ਉਸ ਪ੍ਰਭੂ ਨੂੰ ਆਪ ਹੀ ਹੈ।
41005	955	ਜਲ ਮਹਿ ਜੰਤ ਉਪਾਇਅਨੁ ਤਿਨਾ ਭਿ ਰੋਜੀ ਦੇਇ॥		Jal Mehi Janth Oupaaeian Thinaa Bh Rojee Dhaee ||	He created the creatures in water, and He gives them their nourishment.	ਉਸ ਨੇ ਪਾਣੀ ਵਿਚ ਜੀਵ ਪੈਦਾ ਕੀਤੇ ਹਨ ਉਹਨਾਂ ਨੂੰ ਭੀ ਰਿਜ਼ਕ ਦੇਂਦਾ ਹੈ।
41006	955	ਓਥੈ ਹਟੁ ਨ ਚਲਈ ਨਾ ਕੋ ਕਿਰਸ ਕਰੇਇ॥		Outhhai Hatt N Chalee Naa Ko Kiras Karaee ||	There are no stores open there, and no one farms there.	ਪਾਣੀ ਵਿਚ ਨਾਹ ਕੋਈ ਦੁਕਾਨ ਚੱਲਦੀ ਹੈ ਨਾਹ ਓਥੇ ਕੋਈ ਵਾਹੀ ਕਰਦਾ ਹੈ।
41007	955	ਸਉਦਾ ਮੂਲਿ ਨ ਹੋਵਈ ਨਾ ਕੋ ਲਏ ਨ ਦੇਇ॥		Soudhaa Mool N Hovee Naa Ko Leae N Dhaee ||	No business is ever transacted there, and no one buys or sells.	ਨਾਹ ਓਥੇ ਕੋਈ ਸਉਦਾ-ਸੂਤ ਹੋ ਰਿਹਾ ਹੈ ਨਾਹ ਕੋਈ ਲੈਣ-ਦੇਣ ਦਾ ਵਪਾਰ ਹੈ;
41008	955	ਜੀਆ ਕਾ ਆਹਾਰੁ ਜੀਅ ਖਾਣਾ ਏਹੁ ਕਰੇਇ॥	ਕਰੇ-ਇ	Jeeaa Kaa Aahaar Jeea Khaanaa Eaehu Karaee ||	Animals eat other animals; this is what the Lord has given them as food.	ਪਰ ਓਥੇ ਇਹ ਖ਼ੁਰਾਕ ਬਣਾ ਦਿੱਤੀ ਹੈ ਕਿ ਜੀਵਾਂ ਦਾ ਖਾਣਾ ਜੀਵ ਹੀ ਹਨ।

41009	955	ਵਿਚਿ ਉਪਾਏ ਸਾਇਰਾ ਤਿਨਾ ਭਿ ਸਾਰ ਕਰੇਇ॥	ਸਾਇਰਾਂ	Vich Oupaaeae Saaeiraa Thinaa Bh Saar Karaee ||	He created them in the oceans, and He provides for them as well.	ਸੋ, ਜਿਨ੍ਹਾਂ ਨੂੰ ਸਮੁੰਦਰਾਂ ਵਿਚ ਉਸ ਨੇ ਪੈਦਾ ਕੀਤਾ ਹੈ ਉਹਨਾਂ ਦੀ ਭੀ ਸੰਭਾਲ ਕਰਦਾ ਹੈ।
41010	955	ਨਾਨਕ ਚਿੰਤਾ ਮਤ ਕਰਹੁ ਚਿੰਤਾ ਤਿਸ ਹੀ ਹੇਇ॥੧॥	ਹੇ-ਇ	Naanak Chinthaa Math Karahu Chinthaa This Hee Haee ||1||	O Nanak, don't be anxious; the Lord will take care of you. ||1||	ਹੇ ਨਾਨਕ! (ਰੋਜ਼ੀ ਲਈ) ਚਿੰਤਾ ਨਾਹ ਕਰੋ, ਉਸ ਪ੍ਰਭੂ ਨੂੰ ਆਪ ਹੀ ਫ਼ਿਕਰ ਹੈ ॥੧॥
41011	955	ਮਃ ੧॥		Ma 1 ||	First Mehl:	
41012	955	ਨਾਨਕ ਇਹੁ ਜੀਉ ਮਛੁਲੀ ਝੀਵਰੁ ਤ੍ਰਿਸਨਾ ਕਾਲੁ॥		Naanak Eihu Jeeo Mashhulee Jheevar Thrisanaa Kaal ||	O Nanak, this soul is the fish, and death is the hungry fisherman.	ਹੇ ਨਾਨਕ! ਇਹ ਜਿੰਦ ਨਿੱਕੀ ਜਿਹੀ ਮੱਛੀ ਹੈ, ਆਤਮਕ ਮੌਤ ਲਿਆਉਣ ਵਾਲੀ ਤ੍ਰਿਸ਼ਨਾ ਮਾਛੀ ਹੈ;
41013	955	ਮਨੂਆ ਅੰਧੁ ਨ ਚੇਤਈ ਪੜੈ ਅਚਿੰਤਾ ਜਾਲੁ॥	ਪੜੈ: ੜਾੜੇ ਹਲੰਤ ਨਾ ਲਾਉ	Manooaa Andhh N Chaethee Parrai Achinthaa Jaal ||	The blind man does not even think of this. And suddenly, the net is cast.	ਮੂਰਖ ਮਨ (ਇਸ ਤ੍ਰਿਸ਼ਨਾ ਵਿਚ) ਅੰਨ੍ਹਾ (ਹੋਇਆ ਹੋਇਆ ਪਰਮਾਤਮਾ ਨੂੰ) ਯਾਦ ਨਹੀਂ ਕਰਦਾ, ਬੇਖ਼ਬਰੀ ਵਿਚ ਹੀ (ਆਤਮਕ ਮੌਤ ਦਾ) ਜਾਲ (ਇਸ ਉਤੇ) ਪੈਂਦਾ ਜਾਂਦਾ ਹੈ।
41014	955	ਨਾਨਕ ਚਿਤੁ ਅਚੇਤੁ ਹੈ ਚਿੰਤਾ ਬਧਾ ਜਾਇ॥	ਬੱਧਾ	Naanak Chith Achaeth Hai Chinthaa Badhhaa Jaae ||	O Nanak, his consciousness is unconscious, and he departs, bound by anxiety.	ਹੇ ਨਾਨਕ! (ਤ੍ਰਿਸ਼ਨਾ ਵਿਚ ਫਸਿਆ) ਮਨ ਗ਼ਾਫ਼ਿਲ ਹੋ ਰਿਹਾ ਹੈ, ਸਦਾ ਚਿੰਤਾ ਵਿਚ ਜਕੜਿਆ ਰਹਿੰਦਾ ਹੈ।

41015	955	ਨਦਰਿ ਕਰੇ ਜੇ ਆਪਣੀ ਤਾ ਆਪੇ ਲਏ ਮਿਲਾਇ॥੨॥		Nadhar Karae Jae Aapanee Thaa Aapae Leae Milaae ||2||	But if the Lord bestows His Glance of Grace, then He unites the soul with Himself. ||2||	ਜੇ ਪ੍ਰਭੂ ਆਪ ਆਪਣੀ ਮੇਹਰ ਦੀ ਨਜ਼ਰ ਕਰੇ ਤਾਂ (ਜਿੰਦ ਨੂੰ ਤ੍ਰਿਸ਼ਨਾ ਵਿਚੋਂ ਕੱਢ ਕੇ) ਆਪਣੇ ਵਿਚ ਮਿਲਾ ਲੈਂਦਾ ਹੈ ॥੨॥
41016	955	ਪਉੜੀ॥		Pourree ||	Pauree:	
41017	955	ਸੇ ਜਨ ਸਾਚੇ ਸਦਾ ਸਦਾ ਜਿਨੀ ਹਰਿ ਰਸੁ ਪੀਤਾ॥		Sae Jan Saachae Sadhaa Sadhaa Jinee Har Ras Peethaa ||	They are true, forever true, who drink in the sublime essence of the Lord.	ਜਿਨ੍ਹਾਂ ਮਨੁੱਖਾਂ ਨੇ ਪ੍ਰਭੂ ਦਾ ਨਾਮ-ਅੰਮ੍ਰਿਤ ਪੀਤਾ ਹੈ ਉਹ ਮਨੁੱਖ ਨਿੱਤ ਪ੍ਰਭੂ ਨਾਲ ਇਕ-ਰੂਪ ਰਹਿੰਦੇ ਹਨ।
41018	955	ਗੁਰਮੁਖਿ ਸਚਾ ਮਨਿ ਵਸੈ ਸਚੁ ਸਉਦਾ ਕੀਤਾ॥		Guramukh Sachaa Man Vasai Sach Soudhaa Keethaa ||	The True Lord abides in the mind of the Gurmukh; He strikes the true bargain.	ਗੁਰੂ ਦੇ ਹੁਕਮ ਵਿਚ ਤੁਰ ਕੇ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਉਹਨਾਂ ਦੇ ਮਨ ਵਿਚ ਵੱਸਦਾ ਹੈ, ਉਹਨਾਂ ਪ੍ਰਭੂ ਦਾ ਨਾਮ-ਰੂਪ ਵਣਜ ਕੀਤਾ ਹੈ।
41019	955	ਸਭੁ ਕਿਛੁ ਘਰ ਹੀ ਮਾਹਿ ਹੈ ਵਡਭਾਗੀ ਲੀਤਾ॥		Sabh Kishh Ghar Hee Maahi Hai Vaddabhaagee Leethaa ||	Everything is in the home of the self within; only the very fortunate obtain it.	ਇਹ ਨਾਮ-ਰੂਪ ਸਉਦਾ ਹੈ ਤਾਂ ਸਾਰਾ ਮਨੁੱਖ ਦੇ ਹਿਰਦੇ ਵਿਚ ਹੀ, ਪਰ ਵਣਜਿਆ ਹੈ ਵੱਡੇ ਭਾਗਾਂ ਵਾਲਿਆਂ ਨੇ ਹੀ।
41020	955	ਅੰਤਰਿ ਤ੍ਰਿਸਨਾ ਮਰਿ ਗਈ ਹਰਿ ਗੁਣ ਗਾਵੀਤਾ॥		Anthar Thrisanaa Mar Gee Har Gun Gaaveethaa ||	The hunger within is conquered and overcome, singing the Glorious Praises of the Lord.	(ਜਿਨ੍ਹਾਂ ਵਣਜਿਆ ਹੈ) ਪ੍ਰਭੂ ਦੇ ਗੁਣ ਗਾ ਕੇ ਉਹਨਾਂ ਦੇ ਅੰਦਰੋਂ ਤ੍ਰਿਸ਼ਨਾ ਮਰ ਗਈ ਹੈ।

41021	955	ਆਪੇ ਮੇਲਿ ਮਿਲਾਇਅਨੁ ਆਪੇ ਦੇਇ ਬੁਝਾਈ॥੧੮॥	ਦੇ-ਇ। ਬੁੱਝਾਈ	Aapae Mael Milaaeian Aapae Dhaee Bujhaaee ||18||	He Himself unites in His Union; He Himself blesses them with understanding. ||18||	(ਇਹ ਨਾਮ-ਰੂਪ ਸਉਦਾ ਕਰਨ ਦੀ) ਮੱਤ ਪ੍ਰਭੂ ਹੀ ਦੇਂਦਾ ਹੈ, ਤੇ ਉਸ ਨੇ ਆਪ ਹੀ (ਨਾਮ ਦੇ ਵਪਾਰੀ ਆਪਣੇ) ਮੇਲ ਵਿਚ ਮਿਲਾਏ ਹਨ ॥੧੮॥
41022	955	ਸਲੋਕ ਮਃ ੧॥		Salok Ma 1 ||	Shalok, First Mehl:	
41023	955	ਵੇਲਿ ਪਿੰਞਾਇਆ ਕਤਿ ਵੁਣਾਇਆ॥	ਕੱਤਿ	Vael Pinnjaaeiaa Kath Vunaaeiaa ||	The cotton is ginned, woven and spun;	(ਰੂੰ ਵੇਲਣੇ ਵਿਚ) ਵੇਲ ਕੇ ਪਿੰਞਾਈਦਾ ਹੈ, ਕੱਤ ਕੇ (ਕੱਪੜਾ) ਉਣਾਈਦਾ ਹੈ।
41024	955	ਕਟਿ ਕੁਟਿ ਕਰਿ ਖੁੰਬਿ ਚੜਾਇਆ॥	ਕੱਟਿ ਕੁੱਟਿ	Katt Kutt Kar Khunb Charraaeiaa ||	The cloth is laid out, washed and bleached white.	ਇਸ ਦੇ ਟੋਟੇ ਕਰ ਕੇ (ਧੁਆਣ ਲਈ) ਖੁੰਬ ਤੇ ਚੜ੍ਹਾਈਦਾ ਹੈ।
41025	955	ਲੋਹਾ ਵਢੇ ਦਰਜੀ ਪਾੜੇ ਸੂਈ ਧਾਗਾ ਸੀਵੈ॥		Lohaa Vadtae Dharajee Paarrae Sooee Dhhaagaa Seevai ||	The tailor cuts it with his scissors, and sews it with his thread.	(ਇਸ ਕੱਪੜੇ ਨੂੰ) ਕੈਂਚੀ ਕਤਰਦੀ ਹੈ, ਦਰਜ਼ੀ ਇਸ ਨੂੰ ਪਾੜਦਾ ਹੈ, ਤੇ ਸੂਈ ਧਾਗਾ ਸਿਊਂਦਾ ਹੈ।
41026	955	ਇਉ ਪਤਿ ਪਾਟੀ ਸਿਫਤੀ ਸੀਪੈ ਨਾਨਕ ਜੀਵਤ ਜੀਵੈ॥	ਪਤਿ: ਪੋਲਾ ਬੋਲੋ	Eio Path Paattee Sifathee Seepai Naanak Jeevath Jeevai ||	Thus, the torn and tattered honor is sewn up again, through the Lord's Praise, O Nanak, and one lives the true life.	(ਜਿਵੇਂ ਇਹ ਕੱਟਿਆ ਪਾੜਿਆ ਹੋਇਆ ਕੱਪੜਾ ਸੂਈ ਧਾਗੇ ਨਾਲ ਸੀਪ ਜਾਂਦਾ ਹੈ) ਤਿਵੇਂ ਹੀ, ਹੇ ਨਾਨਕ! ਮਨੁੱਖ ਦੀ ਗੁਆਚੀ ਹੋਈ ਇੱਜ਼ਤ ਪ੍ਰਭੂ ਦੀ ਸਿਫ਼ਤ-ਸਾਲਾਹ ਕਰਨ ਨਾਲ ਫਿਰ ਬਣ ਆਉਂਦੀ ਹੈ ਤੇ ਮਨੁੱਖ ਸੁਚੱਜਾ ਜੀਵਨ ਗੁਜ਼ਾਰਨ ਲੱਗ ਪੈਂਦਾ ਹੈ।

41027	955	ਹੋਇ ਪੁਰਾਣਾ ਕਪੜੁ ਪਾਟੈ ਸੂਈ ਧਾਗਾ ਗੰਢੈ॥	ਕੱਪੜੁ	Hoe Puraanaa Kaparr Paattai Sooee Dhhaagaa Gandtai ||	Becoming worn, the cloth is torn; with needle and thread it is sewn up again.	ਕੱਪੜਾ ਪੁਰਾਣਾ ਹੋ ਕੇ ਪਾਟ ਜਾਂਦਾ ਹੈ, ਸੂਈ ਧਾਗਾ ਇਸ ਨੂੰ ਗੰਢ ਦੇਂਦਾ ਹੈ,
41028	955	ਮਾਹੁ ਪਖੁ ਕਿਹੁ ਚਲੈ ਨਾਹੀ ਘੜੀ ਮੁਹਤੁ ਕਿਛੁ ਹੰਢੈ॥	ਪੱਖੁ ਚੱਲੈ	Maahu Pakh Kihu Chalai Naahee Gharree Muhath Kishh Handtai ||	It will not last for a month, or even a week. It barely lasts for an hour, or even a moment.	(ਪਰ ਇਹ ਗੰਢਿਆ ਹੋਇਆ ਪੁਰਾਣਾ ਕੱਪੜਾ) ਕੋਈ ਮਹੀਨਾ ਅੱਧਾ ਮਹੀਨਾ ਤੱਗਦਾ ਨਹੀਂ, ਸਿਰਫ਼ ਘੜੀ ਦੋ ਘੜੀ (ਥੋੜਾ ਚਿਰ) ਹੀ ਹੰਢਦਾ ਹੈ;
41029	956	ਸਚੁ ਪੁਰਾਣਾ ਹੋਵੈ ਨਾਹੀ ਸੀਤਾ ਕਦੇ ਨ ਪਾਟੈ॥		Sach Puraanaa Hovai Naahee Seethaa Kadhae N Paattai ||	But the Truth does not grow old; and when it is stitched, it is never torn again.	(ਪਰ) ਪ੍ਰਭੂ ਦਾ ਨਾਮ (-ਰੂਪ ਪਟੋਲਾ) ਕਦੇ ਪੁਰਾਣਾ ਨਹੀਂ ਹੁੰਦਾ, ਸੀਤਾ ਹੋਇਆ ਕਦੇ ਪਾਟਦਾ ਨਹੀਂ (ਉਸ ਪ੍ਰਭੂ ਨਾਲ ਜੁੜਿਆ ਹੋਇਆ ਮਨ ਉਸ ਤੋਂ ਟੁੱਟਦਾ ਨਹੀਂ)।
41030	956	ਨਾਨਕ ਸਾਹਿਬੁ ਸਚੋ ਸਚਾ ਤਿਚਰੁ ਜਾਪੀ ਜਾਪੈ॥੧॥		Naanak Saahib Sacho Sachaa Thichar Jaapee Jaapai ||1||	O Nanak, the Lord and Master is the Truest of the True. While we meditate on Him, we see Him. ||1||	ਹੇ ਨਾਨਕ! ਪ੍ਰਭੂ-ਖਸਮ ਸਦਾ ਕਾਇਮ ਰਹਿਣ ਵਾਲਾ ਹੈ, ਪਰ ਇਸ ਗੱਲ ਦੀ ਤਾਂ ਹੀ ਸਮਝ ਪੈਂਦੀ ਹੈ ਜੇ ਉਸ ਨੂੰ ਸਿਮਰੀਏ ॥੧॥
41031	956	ਮਃ ੧॥		Ma 1 ||	First Mehl:	
41032	956	ਸਚ ਕੀ ਕਾਤੀ ਸਚੁ ਸਭੁ ਸਾਰੁ॥		Sach Kee Kaathee Sach Sabh Saar ||	The knife is Truth, and its steel is totally True.	ਜੇ ਪ੍ਰਭੂ ਦੇ ਨਾਮ ਦੀ ਛੁਰੀ ਹੋਵੇ, ਪ੍ਰਭੂ ਦਾ ਨਾਮ ਹੀ (ਉਸ ਛੁਰੀ ਦਾ) ਸਾਰਾ ਲੋਹਾ ਹੋਵੇ,

41033	956	ਘਾੜਤ ਤਿਸ ਕੀ ਅਪਰ ਅਪਾਰ॥		Ghaarrath This Kee Apar Apaar ||	Its workmanship is incomparably beautiful.	ਉਸ ਛੁਰੀ ਦੀ ਘਾੜਤ ਬਹੁਤ ਸੁੰਦਰ ਹੁੰਦੀ ਹੈ;
41034	956	ਸਬਦੇ ਸਾਣ ਰਖਾਈ ਲਾਇ॥		Sabadhae Saan Rakhaaee Laae ||	It is sharpened on the grindstone of the Shabad.	ਇਹ ਛੁਰੀ ਸਤਿਗੁਰੂ ਦੇ ਸ਼ਬਦ ਦੀ ਸਾਣ ਤੇ ਰੱਖ ਕੇ ਤੇਜ਼ ਕੀਤੀ ਜਾਂਦੀ ਹੈ,
41035	956	ਗੁਣ ਕੀ ਥੇਕੈ ਵਿਚਿ ਸਮਾਇ॥	(ਥੇੱਕੈ) ਮਿਆਨ	Gun Kee Thhaekai Vich Samaae ||	It is placed in the scabbard of virtue.	ਤੇ ਇਹ ਪ੍ਰਭੂ ਦੇ ਗੁਣਾਂ ਦੀ ਮਿਆਨ ਵਿਚ ਟਿਕੀ ਰਹਿੰਦੀ ਹੈ।
41036	956	ਤਿਸ ਦਾ ਕੁਠਾ ਹੋਵੈ ਸੇਖੁ॥		This Dhaa Kuthaa Hovai Saekh ||	If the Shaykh is killed with that,	ਜੇ ਸ਼ੇਖ਼ ਇਸ ਛੁਰੀ ਦਾ ਕੁੱਠਾ ਹੋਇਆ ਹੋਵੇ (ਭਾਵ, ਜੇ 'ਸ਼ੇਖ਼' ਦਾ ਜੀਵਨ ਪ੍ਰਭੂ ਦੇ ਨਾਮ, ਸਤਿਗੁਰੂ ਦੇ ਸ਼ਬਦ ਤੇ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਘੜਿਆ ਹੋਇਆ ਹੋਵੇ)
41037	956	ਲੋਹੂ ਲਬੁ ਨਿਕਥਾ ਵੇਖੁ॥	ਲੱਬੁ	Lohoo Lab Nikathhaa Vaekh ||	Then the blood of greed will spill out.	ਤਾਂ ਉਸ ਦੇ ਅੰਦਰੋਂ ਲੱਬ-ਰੂਪ ਲਹੂ ਜ਼ਰੂਰ ਨਿਕਲ ਜਾਂਦਾ ਹੈ।
41038	956	ਹੋਇ ਹਲਾਲੁ ਲਗੈ ਹਕਿ ਜਾਇ॥		Hoe Halaal Lagai Hak Jaae ||	One who is slaughtered in this ritualistic way, will be attached to the Lord.	ਇਸ ਤਰ੍ਹਾਂ ਹਲਾਲ ਹੋ ਕੇ (ਕੁੱਠਾ ਜਾ ਕੇ) ਉਹ ਪ੍ਰਭੂ ਵਿਚ ਜੁੜਦਾ ਹੈ,
41039	956	ਨਾਨਕ ਦਰਿ ਦੀਦਾਰਿ ਸਮਾਇ॥੨॥		Naanak Dhar Dheedhaar Samaae ||2||	O Nanak, at the Lord's door, he is absorbed into His Blessed Vision. ||2||	ਤੇ, ਹੇ ਨਾਨਕ! ਪ੍ਰਭੂ ਦੇ ਦਰ ਤੇ (ਅੱਪੜ ਕੇ) ਉਸ ਦੇ ਦਰਸ਼ਨ ਵਿਚ ਲੀਨ ਹੋ ਜਾਂਦਾ ਹੈ ॥੨॥
41040	956	ਮਃ ੧॥		Ma 1 ||	First Mehl:	

41041	956	ਕਮਰਿ ਕਟਾਰਾ ਬੰਕੁੜਾ ਬੰਕੇ ਕਾ ਅਸਵਾਰੁ॥		Kamar Kattaaraa Bankurraa Bankae Kaa Asavaar ||	A beautiful dagger hangs by your waist, and you ride such a beautiful horse.	ਲੱਕ ਦੁਆਲੇ ਸੋਹਣੀ ਜਿਹੀ ਕਟਾਰ ਹੋਵੇ ਤੇ ਸੋਹਣੇ ਘੋੜੇ ਦਾ ਸੁਆਰ ਹੋਵੇ,
41042	956	ਗਰਬੁ ਨ ਕੀਜੈ ਨਾਨਕਾ ਮਤੁ ਸਿਰਿ ਆਵੈ ਭਾਰੁ॥੩॥		Garab N Keejai Naanakaa Math Sir Aavai Bhaar ||3||	But don't be too proud; O Nanak, you may fall head first to the ground. ||3||	(ਫਿਰ ਭੀ) ਹੇ ਨਾਨਕ! ਮਾਣ ਨਾਹ ਕਰੀਏ, (ਕੀਹ ਪਤਾ ਹੈ) ਮਤਾਂ ਸਿਰ-ਭਾਰ ਡਿੱਗ ਪਏ ॥੩॥
41043	956	ਪਉੜੀ॥		Pourree ||	Pauree:	
41044	956	ਸੋ ਸਤਸੰਗਤਿ ਸਬਦਿ ਮਿਲੈ ਜੋ ਗੁਰਮੁਖਿ ਚਲੈ॥	ਚੱਲੈ	So Sathasangath Sabadh Milai Jo Guramukh Chalai ||	They alone walk as Gurmukh, who receive the Shabad in the Sat Sangat, the True Congregation.	ਜੋ ਮਨੁੱਖ ਗੁਰੂ ਦੇ ਹੁਕਮ ਵਿਚ ਤੁਰਦਾ ਹੈ ਉਹ ਸਾਧ ਸੰਗਤ ਵਿਚ (ਆ ਕੇ) ਗੁਰੂ ਦੇ ਸ਼ਬਦ ਵਿਚ ਜੁੜਦਾ ਹੈ।
41045	956	ਸਚੁ ਧਿਆਇਨਿ ਸੇ ਸਚੇ ਜਿਨ ਹਰਿ ਖਰਚੁ ਧਨੁ ਪਲੈ॥	ਪੱਲੈ	Sach Dhhiaaein Sae Sachae Jin Har Kharach Dhhan Palai ||	Meditating on the True Lord, they become truthful; they carry in their robes the supplies of the Lord's wealth.	ਜਿਨ੍ਹਾਂ ਮਨੁੱਖਾਂ ਦੇ ਪੱਲੇ ਪ੍ਰਭੂ ਦਾ ਨਾਮ-ਰੂਪ ਧਨ ਹੈ (ਜ਼ਿੰਦਗੀ ਦੇ ਸਫ਼ਰ ਲਈ) ਖ਼ਰਚ ਹੈ ਉਹ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨੂੰ ਸਿਮਰਦੇ ਹਨ ਤੇ ਉਸੇ ਦਾ ਰੂਪ ਹੋ ਜਾਂਦੇ ਹਨ।

41046	956	ਭਗਤ ਸੋਹਨਿ ਗੁਣ ਗਾਵਦੇ ਗੁਰਮਤਿ ਅਚਲੈ॥	ਅ-ਚੱਲੈ	Bhagath Sohan Gun Gaavadhae Guramath Achalai ||	The devotees look beautiful, singing the Praises of the Lord; following the Guru's Teachings, they become stable and unchanging.	ਬੰਦਗੀ ਕਰਨ ਵਾਲੇ ਬੰਦੇ ਪ੍ਰਭੂ ਦੇ ਗੁਣ ਗਾਂਦੇ ਹਨ ਤੇ ਸੋਹਣੇ ਲੱਗਦੇ ਹਨ, ਸਤਿਗੁਰੂ ਦੀ ਮੱਤ ਲੈ ਕੇ ਉਹ ਅਡੋਲ ਹੋ ਜਾਂਦੇ ਹਨ।
41047	956	ਰਤਨ ਬੀਚਾਰੁ ਮਨਿ ਵਸਿਆ ਗੁਰ ਕੈ ਸਬਦਿ ਭਲੈ॥	ਭਲੈ: ਪੋਲਾ ਬੋਲੋ	Rathan Beechaar Man Vasiaa Gur Kai Sabadh Bhalai ||	They enshrine the jewel of contemplation within their minds, and the most sublime Word of the Guru's Shabad.	ਸਤਿਗੁਰੂ ਦੇ ਸੋਹਣੇ ਸ਼ਬਦ ਦੀ ਰਾਹੀਂ ਉਹਨਾਂ ਦੇ ਮਨ ਵਿਚ ਪ੍ਰਭੂ ਦੇ ਸ੍ਰੇਸ਼ਟ ਨਾਮ ਦੀ ਵਿਚਾਰ ਆ ਵੱਸਦੀ ਹੈ।
41048	956	ਆਪੇ ਮੇਲਿ ਮਿਲਾਇਦਾ ਆਪੇ ਦੇਇ ਵਡਿਆਈ॥੧੯॥	ਦੇ-ਇ	Aapae Mael Milaaeidhaa Aapae Dhaee Vaddiaaee ||19||	He Himself unites in His Union; He Himself grants glorious greatness. ||19||	(ਭਗਤ ਜਨਾਂ ਨੂੰ) ਪ੍ਰਭੂ ਆਪ ਹੀ ਆਪਣੇ ਵਿਚ ਮਿਲਾਂਦਾ ਹੈ, ਆਪ ਹੀ ਉਹਨਾਂ ਨੂੰ ਸੋਭਾ ਦੇਂਦਾ ਹੈ ॥੧੯॥
41049	956	ਸਲੋਕ ਮਃ ੩॥		Salok Ma 3 ||	Shalok, Third Mehl:	
41050	956	ਆਸਾ ਅੰਦਰਿ ਸਭੁ ਕੋ ਕੋਇ ਨਿਰਾਸਾ ਹੋਇ॥		Aasaa Andhar Sabh Ko Koe Niraasaa Hoe ||	Everyone is filled with hope; hardly anyone is free of hope.	ਹਰੇਕ ਜੀਵ ਆਸਾਂ ਵਿਚ (ਫਸਿਆ ਪਿਆ) ਹੈ (ਭਾਵ, ਨਿੱਤ ਨਵੀਆਂ ਆਸਾਂ ਬਣਾਂਦਾ ਰਹਿੰਦਾ ਹੈ), ਕੋਈ ਵਿਰਲਾ ਮਨੁੱਖ ਹੈ ਜੋ ਆਸਾਂ ਤੋਂ ਬਚਿਆ ਰਹਿੰਦਾ ਹੈ।

41051	956	ਨਾਨਕ ਜੋ ਮਰਿ ਜੀਵਿਆ ਸਹਿਲਾ ਆਇਆ ਸੋਇ॥੧॥		Naanak Jo Mar Jeeviaa Sehilaa Aaeiaa Soe ||1||	O Nanak, blessed is the birth of one, who remains dead while yet alive. ||1||	ਹੇ ਨਾਨਕ! ਜੋ ਮਨੁੱਖ ਆਸਾਂ ਵਲੋਂ ਹਟ ਕੇ (ਪ੍ਰਭੂ ਦੇ ਸਿਮਰਨ ਵਿਚ) ਜੀਵਨ ਗੁਜ਼ਾਰਦਾ ਹੈ ਉਸ ਦਾ ਆਉਣਾ ਸਫਲ ਹੈ ॥੧॥
41052	956	ਮਃ ੩॥		Ma 3 ||	Third Mehl:	
41053	956	ਨਾ ਕਿਛੁ ਆਸਾ ਹਥਿ ਹੈ ਕੇਉ ਨਿਰਾਸਾ ਹੋਇ॥		Naa Kishh Aasaa Hathh Hai Kaeo Niraasaa Hoe ||	Nothing is in the hands of hope. How can one become free of hope?	'ਆਸਾ' ਦੇ ਹੱਥ ਵਿਚ ਕੋਈ ਤਾਕਤ ਨਹੀਂ (ਕਿ ਜੀਵਾਂ ਨੂੰ ਫਸਾ ਸਕੇ; ਸੋ, ਆਪਣੇ ਉੱਦਮ ਨਾਲ ਭੀ) ਮਨੁੱਖ 'ਆਸਾ' ਤੋਂ ਨਹੀਂ ਬਚ ਸਕਦਾ।
41054	956	ਕਿਆ ਕਰੇ ਏਹ ਬਪੁੜੀ ਜਾਂ ਭੁਲਾਏ ਸੋਇ॥੨॥	ਭੁ: ਔਂਕੜ ਹੋੜੇ ਵਿਚਾਲੇ ਬੋਲੋ	Kiaa Karae Eaeh Bapurree Jaan Bhuolaaeae Soe ||2||	What can this poor being do? The Lord Himself creates confusion. ||2||	ਇਹ ਵਿਚਾਰੀ 'ਆਸਾ' ਕੀਹ ਕਰ ਸਕਦੀ ਹੈ? ਭੁਲਾਉਂਦਾ ਤਾਂ ਉਹ ਪ੍ਰਭੂ ਆਪ ਹੈ ॥੨॥
41055	956	ਪਉੜੀ॥		Pourree ||	Pauree:	
41056	956	ਧ੍ਰਿਗੁ ਜੀਵਣੁ ਸੰਸਾਰ ਸਚੇ ਨਾਮ ਬਿਨੁ॥		Dhhrig Jeevan Sansaar Sachae Naam Bin ||	Cursed is the life in this world, without the True Name.	ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ ਜਗਤ ਦਾ ਜੀਊਣਾ ਫਿਟਕਾਰ-ਜੋਗ ਹੈ।
41057	956	ਪ੍ਰਭੁ ਦਾਤਾ ਦਾਤਾਰ ਨਿਹਚਲੁ ਏਹੁ ਧਨੁ॥		Prabh Dhaathaa Dhaathaar Nihachal Eaehu Dhhan ||	God is the Great Giver of givers. His wealth is permanent and unchanging.	ਪ੍ਰਭੂ ਹੀ (ਸਭ ਦਾ) ਦਾਤਾ ਹੈ ਸਭ ਦਾਤਾਂ ਦੇਣ ਵਾਲਾ ਹੈ; ਸੋ, ਉਸ ਦਾ ਇਹ (ਨਾਮ-) ਧਨ ਹੀ (ਐਸਾ ਹੈ ਜੋ) ਕਦੇ ਨਾਸ ਹੋਣ ਵਾਲਾ ਨਹੀਂ।

41058	956	ਸਾਸਿ ਸਾਸਿ ਆਰਾਧੇ ਨਿਰਮਲੁ ਸੋਇ ਜਨੁ॥		Saas Saas Aaraadhhae Niramal Soe Jan ||	That humble being is immaculate, who worships the Lord with each and every breath.	ਉਹੀ ਮਨੁੱਖ ਪਵਿਤ੍ਰ (ਜੀਵਨ ਵਾਲਾ) ਹੈ ਜੋ (ਪ੍ਰਭੂ ਨੂੰ) ਹਰੇਕ ਸਾਹ ਦੇ ਨਾਲ ਯਾਦ ਕਰਦਾ ਹੈ।
41059	956	ਅੰਤਰਜਾਮੀ ਅਗਮੁ ਰਸਨਾ ਏਕੁ ਭਨੁ॥		Antharajaamee Agam Rasanaa Eaek Bhan ||	With your tongue, vibrate the One Inaccessible Lord, the Inner-knower, the Searcher of hearts.	ਜੀਭ ਨਾਲ ਉਸ ਇਕ ਪ੍ਰਭੂ ਨੂੰ ਯਾਦ ਕਰ ਜੋ ਸਭ ਦੇ ਦਿਲ ਦੀ ਜਾਣਦਾ ਹੈ ਤੇ ਜੋ (ਜੀਵਾਂ ਦੀ) ਪਹੁੰਚ ਤੋਂ ਪਰੇ ਹੈ।
41060	956	ਰਵਿ ਰਹਿਆ ਸਰਬਤਿ ਨਾਨਕੁ ਬਲਿ ਜਾਈ ॥੨੦॥	ਸਰਬੱਤਿ	Rav Rehiaa Sarabath Naanak Bal Jaaee ||20||	He is all-pervading everywhere. Nanak is a sacrifice to Him. ||20||	ਨਾਨਕ ਉਸ ਪ੍ਰਭੂ ਤੋਂ ਸਦਕੇ ਹੈ ਜੋ ਸਾਰਿਆਂ ਵਿਚ ਵਿਆਪਕ ਹੈ ॥੨੦॥
41061	956	ਸਲੋਕੁ ਮਃ ੧॥		Salok Ma 1 ||	Shalok, First Mehl:	
41062	956	ਸਰਵਰ ਹੰਸ ਧੁਰੇ ਹੀ ਮੇਲਾ ਖਸਮੈ ਏਵੈ ਭਾਣਾ॥		Saravar Hans Dhhurae Hee Maelaa Khasamai Eaevai Bhaanaa ||	The union between the lake of the True Guru and the swan of the soul was pre-ordained from the very beginning, by the Pleasure of the Lord's Will.	(ਗੁਰੂ-) ਸਰੋਵਰ ਅਤੇ (ਗੁਰਮੁਖ-) ਹੰਸ ਦਾ ਜੋੜ ਮੁੱਢੋਂ ਹੀ ਚਲਿਆ ਆਉਂਦਾ ਹੈ, ਖਸਮ-ਪ੍ਰਭੂ ਨੂੰ ਇਹੀ ਗੱਲ ਚੰਗੀ ਲੱਗਦੀ ਹੈ।

41063	956	ਸਰਵਰ ਅੰਦਰਿ ਹੀਰਾ ਮੋਤੀ ਸੋ ਹੰਸਾ ਕਾ ਖਾਣਾ॥		Saravar Andhar Heeraa Mothee So Hansaa Kaa Khaanaa ||	The diamonds are in this lake; they are the food of the swans.	ਹੰਸਾਂ (ਗੁਰਮੁਖਾਂ) ਦੀ ਖ਼ੁਰਾਕ (ਪ੍ਰਭੂ ਦੀ ਸਿਫ਼ਤ-ਸਾਲਾਹ-ਰੂਪ) ਹੀਰੇ ਮੋਤੀ ਹੈ ਜੋ (ਗੁਰੂ-) ਸਰੋਵਰ ਵਿਚ ਮਿਲਦੇ ਹਨ।
41064	956	ਬਗੁਲਾ ਕਾਗੁ ਨ ਰਹਈ ਸਰਵਰਿ ਜੇ ਹੋਵੈ ਅਤਿ ਸਿਆਣਾ॥		Bagulaa Kaag N Rehee Saravar Jae Hovai Ath Siaanaa ||	The cranes and the ravens may be very wise, but they do not remain in this lake.	ਕਾਂ ਤੇ ਬਗੁਲਾ (ਮਨਮੁਖ) ਭਾਵੇਂ ਕਿਤਨਾ ਹੀ ਸਿਆਣਾ ਹੋਵੇ ਓਥੇ (ਗੁਰੂ ਦੀ ਸੰਗਤ ਵਿਚ) ਨਹੀਂ ਰਹਿ ਸਕਦਾ,
41065	956	ਓਨਾ ਰਿਜਕੁ ਨ ਪਇਓ ਓਥੈ ਓਨ੍ਹਾ ਹੋਰੋ ਖਾਣਾ॥		Ounaa Rijak N Paeiou Outhhai Ounhaa Horo Khaanaa ||	They do not find their food there; their food is different.	(ਕਿਉਂਕਿ) ਉਹਨਾਂ (ਕਾਂ ਬਗੁਲੇ ਮਨਮੁਖਾਂ) ਦੀ ਖ਼ੁਰਾਕ ਓਥੇ ਨਹੀਂ ਹੈ, ਉਹਨਾਂ ਦੀ ਖ਼ੁਰਾਕ ਵੱਖਰੀ ਹੀ ਹੁੰਦੀ ਹੈ।
41066	956	ਸਚਿ ਕਮਾਣੈ ਸਚੋ ਪਾਈਐ ਕੂੜੈ ਕੂੜਾ ਮਾਣਾ॥		Sach Kamaanai Sacho Paaeeai Koorrai Koorraa Maanaa ||	Practicing Truth, the True Lord is found. False is the pride of the false.	ਜੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਬੰਦਗੀ-ਰੂਪ ਕਮਾਈ ਕਰੀਏ ਤਾਂ ਸਦਾ-ਥਿਰ ਰਹਿਣ ਵਾਲਾ ਪ੍ਰਭੂ ਮਿਲਦਾ ਹੈ, (ਪਰ) ਕੂੜ ਦੀ ਖੱਟੀ ਦਾ ਮਾਣ ਕੂੜਾ ਹੀ ਹੈ।
41067	956	ਨਾਨਕ ਤਿਨ ਕੌ ਸਤਿਗੁਰੁ ਮਿਲਿਆ ਜਿਨਾ ਧੁਰੇ ਪੈਯਾ ਪਰਵਾਣਾ॥੧॥	ਪੈ-ਯਾ: ਯਾ ਤਾਲੂ ਤੋਂ ਬੋਲੋ ਜੀ	Naanak Thin Ka Sathigur Miliaa Jinaa Dhhurae Paiyaa Paravaanaa ||1||	O Nanak, they alone meet the True Guru, who are so pre-destined by the Lord's Command. ||1||	(ਪਰ ਇਹਨਾਂ ਮਨਮੁਖਾਂ ਦੇ ਕੀਹ ਵੱਸ?) ਹੇ ਨਾਨਕ! ਜਿਨ੍ਹਾਂ ਨੂੰ ਧੁਰੋਂ ਪ੍ਰਭੂ ਦੀ ਆਗਿਆ ਮਿਲੀ ਹੈ ਉਹਨਾਂ ਨੂੰ ਹੀ ਸਤਿਗੁਰੂ (-ਸਰੋਵਰ) ਮਿਲਦਾ ਹੈ ॥੧॥

41068	956	ਸਾਹਿਬੁ ਮੇਰਾ ਉਜਲਾ ਜੇ ਕੋ ਚਿਤਿ ਕਰੇਇ॥		Saahib Maeraa Oujalaa Jae Ko Chith Karaee ||	My Lord and Master is immaculate, as are those who think of Him.	ਮੇਰਾ ਮਾਲਕ (-ਪ੍ਰਭੂ) ਪਵਿਤ੍ਰ ਹੈ ਜੋ ਕੋਈ ਭੀ ਉਸ ਨੂੰ ਆਪਣੇ ਹਿਰਦੇ ਵਿਚ ਵਸਾਂਦਾ ਹੈ (ਉਹ ਭੀ ਪਵਿਤ੍ਰ ਹੋ ਜਾਂਦਾ ਹੈ)।
41069	956	ਨਾਨਕ ਸੋਈ ਸੇਵੀਐ ਸਦਾ ਸਦਾ ਜੋ ਦੇਇ॥		Naanak Soee Saeveeai Sadhaa Sadhaa Jo Dhaee ||	O Nanak, serve Him, who gives to you forever and ever.	ਹੇ ਨਾਨਕ! ਜੋ ਪ੍ਰਭੂ ਸਦਾ ਹੀ (ਜੀਵਾਂ ਨੂੰ ਦਾਤਾਂ) ਦੇਂਦਾ ਹੈ ਉਸ ਨੂੰ ਸਿਮਰਨਾ ਚਾਹੀਦਾ ਹੈ।
41070	956	ਨਾਨਕ ਸੋਈ ਸੇਵੀਐ ਜਿਤੁ ਸੇਵਿਐ ਦੁਖੁ ਜਾਇ॥		Naanak Soee Saeveeai Jith Saeviai Dhukh Jaae ||	O Nanak, serve Him; by serving Him, sorrow is dispelled.	ਹੇ ਨਾਨਕ! ਉਸ ਪ੍ਰਭੂ ਨੂੰ ਹੀ ਸਿਮਰਨਾ ਚਾਹੀਦਾ ਹੈ ਜਿਸ ਦਾ ਸਿਮਰਨ ਕੀਤਿਆਂ ਦੁੱਖ ਦੂਰ ਹੋ ਜਾਂਦਾ ਹੈ,
41071	956	ਅਵਗੁਣ ਵੰਞਨਿ ਗੁਣ ਰਵਹਿ ਮਨਿ ਸੁਖੁ ਵਸੈ ਆਇ॥੨॥		Avagun Vannjan Gun Ravehi Man Sukh Vasai Aae ||2||	Faults and demerits vanish, and virtues take their place; peace comes to dwell in the mind. ||2||	ਅਉਗਣ ਦੂਰ ਹੋ ਜਾਂਦੇ ਹਨ, ਗੁਣ (ਹਿਰਦੇ ਵਿਚ) ਵੱਸ ਪੈਂਦੇ ਹਨ ਤੇ ਸੁਖ ਮਨ ਵਿਚ ਆ ਵੱਸਦਾ ਹੈ ॥੨॥
41072	956	ਪਉੜੀ॥		Pourree ||	Pauree:	
41073	956	ਆਪੇ ਆਪਿ ਵਰਤਦਾ ਆਪਿ ਤਾੜੀ ਲਾਈਅਨੁ॥	ਲਾਈ-ਅਨੁ	Aapae Aap Varathadhaa Aap Thaarree Laaeean ||	He Himself is all-pervading; He Himself is absorbed in the profound state of Samaadhi.	(ਸ੍ਰਿਸ਼ਟੀ ਵਿਚ) ਪ੍ਰਭੂ ਆਪ ਹੀ (ਹਰ ਥਾਂ) ਮੌਜੂਦ ਹੈ ਉਸ ਨੇ ਆਪ ਹੀ ਤਾੜੀ ਲਾਈ ਹੋਈ ਹੈ (ਭਾਵ, ਆਪ ਹੀ ਗੁਪਤ ਵਰਤ ਰਿਹਾ ਹੈ)।

41074	956	ਆਪੇ ਹੀ ਉਪਦੇਸਦਾ ਗੁਰਮੁਖਿ ਪਤੀਆਈਅਨੁ॥	ਪਤੀ-ਆਈਅਨੁ	Aapae Hee Oupadhaesadhaa Guramukh Patheeaaeean ||	He Himself instructs; the Gurmukh is satisfied and fulfilled.	(ਗੁਰੂ-ਰੂਪ ਹੋ ਕੇ) ਆਪ ਹੀ (ਜੀਵਾਂ ਨੂੰ) ਉਪਦੇਸ਼ ਦੇ ਰਿਹਾ ਹੈ, ਗੁਰੂ ਦੀ ਰਾਹੀਂ ਆਪ ਹੀ ਉਸ ਨੇ ਸ੍ਰਿਸ਼ਟੀ ਨੂੰ ਪਤਿਆਇਆ ਹੈ।
41075	956	ਇਕਿ ਆਪੇ ਉਝੜਿ ਪਾਇਅਨੁ ਇਕਿ ਭਗਤੀ ਲਾਇਅਨੁ॥	ਉੱਝੜਿ	Eik Aapae Oujharr Paaeian Eik Bhagathee Laaeian ||	Some, He causes to wander in the wilderness, while others are committed to His devotional worship.	ਕਈ ਜੀਵ ਉਸ ਨੇ ਆਪ ਹੀ ਕੁਰਾਹੇ ਪਾਏ ਹੋਏ ਹਨ ਤੇ ਕਈ ਜੀਵ ਉਸ ਨੇ ਬੰਦਗੀ ਵਿਚ ਲਾਏ ਹੋਏ ਹਨ।
41076	956	ਜਿਸੁ ਆਪਿ ਬੁਝਾਏ ਸੋ ਬੁਝਸੀ ਆਪੇ ਨਾਇ ਲਾਈਅਨੁ॥	ਬੁੱਝਾਏ ਬੁੱਝਸੀ	Jis Aap Bujhaaeae So Bujhasee Aapae Naae Laaeean ||	He alone understands, whom the Lord causes to understand; He Himself attaches mortals to His Name.	ਪ੍ਰਭੂ ਆਪ ਜਿਸ ਜੀਵ ਨੂੰ ਸਮਝ ਦੇਂਦਾ ਹੈ ਉਹ ਹੀ (ਸਹੀ ਰਸਤੇ ਨੂੰ) ਸਮਝਦਾ ਹੈ, ਉਸ ਨੇ ਆਪ ਹੀ (ਸ੍ਰਿਸ਼ਟੀ) ਆਪਣੇ ਨਾਮ ਵਿਚ ਲਾਈ ਹੈ।
41077	956	ਨਾਨਕ ਨਾਮੁ ਧਿਆਈਐ ਸਚੀ ਵਡਿਆਈ॥੨੧॥੧॥ ਸੁਧੁ॥		Naanak Naam Dhhiaaeeai Sachee Vaddiaaee ||21||1|| Sudhh ||	O Nanak, meditating on the Naam, the Name of the Lord, true greatness is obtained. ||21||1|| Sudh||	ਹੇ ਨਾਨਕ! ਪ੍ਰਭੂ ਦਾ ਨਾਮ ਸਿਮਰਨਾ ਚਾਹੀਦਾ ਹੈ, ਇਹ ਹੀ ਸਦਾ ਕਾਇਮ ਰਹਿਣ ਵਾਲੀ ਵਡਿਆਈ ਹੈ ॥੨੧॥੧॥ਸੁਧੁ ॥
41078	957	ਰਾਮਕਲੀ ਕੀ ਵਾਰ ਮਹਲਾ ੫		Raamakalee Kee Vaar Mehalaa 5	Vaar Of Raamkalee, Fifth Mehl:	ਰਾਗ ਰਾਮਕਲੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਵਾਰ'।

41079	957	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
41080	957	ਸਲੋਕ ਮਃ ੫॥		Salok Ma 5 ||	Shalok, Fifth Mehl:	
41081	957	ਜੈਸਾ ਸਤਿਗੁਰੁ ਸੁਣੀਦਾ ਤੈਸੋ ਹੀ ਮੈ ਡੀਠੁ॥		Jaisaa Sathigur Suneedhaa Thaiso Hee Mai Ddeeth ||	As I have heard of the True Guru, so I have seen Him.	ਸਤਿਗੁਰੂ ਜਿਹੋ ਜਿਹਾ ਸੁਣੀਦਾ ਸੀ, ਉਹੋ ਜਿਹਾ ਜਿਹਾ ਹੀ ਮੈਂ (ਅੱਖੀਂ) ਵੇਖ ਲਿਆ ਹੈ।
41082	957	ਵਿਛੁੜਿਆ ਮੇਲੇ ਪ੍ਰਭੂ ਹਰਿ ਦਰਗਹ ਕਾ ਬਸੀਠੁ॥		Vishhurriaa Maelae Prabhoo Har Dharageh Kaa Baseeth ||	He re-unites the separated ones with God; He is the Mediator at the Court of the Lord.	ਗੁਰੂ ਪ੍ਰਭੂ ਦੀ ਹਜ਼ੂਰੀ ਦਾ ਵਿਚੋਲਾ ਹੈ, ਪ੍ਰਭੂ ਤੋਂ ਵਿੱਛੁੜਿਆਂ ਨੂੰ (ਮੁੜ) ਪ੍ਰਭੂ ਨਾਲ ਮਿਲਾ ਦੇਂਦਾ ਹੈ।
41083	957	ਹਰਿ ਨਾਮੋ ਮੰਤ੍ਰੁ ਦ੍ਰਿੜਾਇਦਾ ਕਟੇ ਹਉਮੈ ਰੋਗੁ॥		Har Naamo Manthra Dhrirraaeidhaa Kattae Houmai Rog ||	He implants the Mantra of the Lord's Name, and eradicates the illness of egotism.	ਪ੍ਰਭੂ ਦਾ ਨਾਮ ਸਿਮਰਨ ਦਾ ਉਪਦੇਸ਼ (ਜੀਵ ਦੇ ਹਿਰਦੇ ਵਿਚ) ਪੱਕਾ ਕਰ ਦੇਂਦਾ ਹੈ (ਤੇ ਇਸ ਤਰ੍ਹਾਂ ਉਸ ਦਾ) ਹਉਮੈ ਦਾ ਰੋਗ ਦੂਰ ਕਰ ਦੇਂਦਾ ਹੈ।
41084	957	ਨਾਨਕ ਸਤਿਗੁਰੁ ਤਿਨਾ ਮਿਲਾਇਆ ਜਿਨਾ ਧੁਰੇ ਪਇਆ ਸੰਜੋਗੁ॥੧॥		Naanak Sathigur Thinaa Milaaeiaa Jinaa Dhhurae Paeiaa Sanjog ||1||	O Nanak, he alone meets the True Guru, who has such union pre-ordained. ||1||	ਪਰ, ਹੇ ਨਾਨਕ! ਪ੍ਰਭੂ ਉਹਨਾਂ ਨੂੰ ਹੀ ਗੁਰੂ ਮਿਲਾਉਂਦਾ ਹੈ ਜਿਨ੍ਹਾਂ ਦੇ ਭਾਗਾਂ ਵਿਚ ਧੁਰੋਂ ਇਹ ਮੇਲ ਲਿਖਿਆ ਹੁੰਦਾ ਹੈ ॥੧॥

41085	957	ਮਃ ੫॥		Ma 5 ||	Fifth Mehl:	
41086	957	ਇਕੁ ਸਜਣੁ ਸਭਿ ਸਜਣਾ ਇਕੁ ਵੈਰੀ ਸਭਿ ਵਾਦਿ॥		Eik Sajan Sabh Sajanaa Eik Vairee Sabh Vaadh ||	If the One Lord is my Friend, then all are my friends. If the One Lord is my enemy, then all fight with me.	ਜੇ ਇਕ ਪ੍ਰਭੂ ਮਿਤ੍ਰ ਬਣ ਜਾਏ ਤਾਂ ਸਾਰੇ ਜੀਵ ਮਿੱਤ੍ਰ ਬਣ ਜਾਂਦੇ ਹਨ; ਪਰ ਜੇ ਇਕ ਅਕਾਲ ਪੁਰਖ ਵੈਰੀ ਹੋ ਜਾਏ ਤਾਂ ਸਾਰੇ ਜੀਵ ਵੈਰੀ ਬਣ ਜਾਂਦੇ ਹਨ (ਭਾਵ, ਇਕ ਪ੍ਰਭੂ ਨੂੰ ਮਿੱਤ੍ਰ ਬਣਾਇਆਂ ਸਾਰੇ ਜੀਵ ਪਿਆਰੇ ਲੱਗਦੇ ਹਨ, ਤੇ ਪ੍ਰਭੂ ਤੋਂ ਵਿੱਛੁੜਿਆਂ ਜਗਤ ਦੇ ਸਾਰੇ ਜੀਵਾਂ ਨਾਲੋਂ ਵਿੱਥ ਪੈ ਜਾਂਦੀ ਹੈ)।
41087	957	ਗੁਰਿ ਪੂਰੈ ਵੇਖਾਲਿਆ ਵਿਣੁ ਨਾਵੈ ਸਭ ਬਾਦਿ॥		Gur Poorai Dhaekhaaliaa Vin Naavai Sabh Baadh ||	The Perfect Guru has shown me that, without the Name, everything is useless.	ਇਹ ਗੱਲ ਪੂਰੇ ਗੁਰੂ ਨੇ ਵਿਖਾ ਦਿੱਤੀ ਹੈ ਕਿ ਨਾਮ ਸਿਮਰਨ ਤੋਂ ਬਿਨਾ (ਪ੍ਰਭੂ ਨੂੰ ਸੱਜਣ ਬਣਾਉਣ ਤੋਂ ਬਿਨਾ) ਹੋਰ ਹਰੇਕ ਕਾਰ ਵਿਅਰਥ ਹੈ।
41088	957	ਸਾਕਤ ਦੁਰਜਨ ਭਰਮਿਆ ਜੋ ਲਗੇ ਦੂਜੈ ਸਾਦਿ॥		Saakath Dhurajan Bharamiaa Jo Lagae Dhoojai Saadh ||	The faithless cynics and the evil people wander in reincarnation; they are attached to other tastes.	(ਕਿਉਂਕਿ) ਰੱਬ ਤੋਂ ਟੁੱਟੇ ਹੋਏ ਵਿਕਾਰੀ ਬੰਦੇ ਜੋ ਮਾਇਆ ਦੇ ਸੁਆਦ ਵਿਚ ਮਸਤ ਰਹਿੰਦੇ ਹਨ ਉਹ ਭਟਕਦੇ ਫਿਰਦੇ ਹਨ।
41089	957	ਜਨ ਨਾਨਕਿ ਹਰਿ ਪ੍ਰਭੁ ਬੁਝਿਆ ਗੁਰ ਸਤਿਗੁਰ ਕੈ ਪਰਸਾਦਿ॥੨॥	ਬੁੱਝਿਆ	Jan Naanak Har Prabh Bujhiaa Gur Sathigur Kai Parasaadh ||2||	Servant Nanak has realized the Lord God, by the Grace of the Guru, the True Guru. ||2||	ਦਾਸ ਨਾਨਕ ਨੇ ਸਤਿਗੁਰੂ ਦੀ ਮੇਹਰ ਦਾ ਸਦਕਾ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ ਹੈ ॥੨॥

41090	957	ਪਉੜੀ॥		Pourree ||	Pauree:	
41091	957	ਥਟਣਹਾਰੈ ਥਾਟੁ ਆਪੇ ਹੀ ਥਟਿਆ॥	ਥੱਟਣਹਾਰੈ, ਥੱਟਿਆ	Thhattanehaarai Thhaatt Aapae Hee Thhattiaa ||	The Creator Lord created the Creation.	ਬਣਾਣ ਵਾਲੇ (ਪ੍ਰਭੂ) ਨੇ ਆਪ ਹੀ ਇਹ (ਜਗਤ-) ਬਣਤਰ ਬਣਾਈ ਹੈ।
41092	957	ਆਪੇ ਪੂਰਾ ਸਾਹੁ ਆਪੇ ਹੀ ਖਟਿਆ॥	ਖੱਟਿਆ	Aapae Pooraa Saahu Aapae Hee Khattiaa ||	He Himself is the perfect Banker; He Himself earns His profit.	(ਇਹ ਜਗਤ-ਹੱਟ ਵਿਚ) ਉਹ ਆਪ ਹੀ ਪੂਰਾ ਸ਼ਾਹ ਹੈ, ਤੇ ਆਪ ਹੀ (ਆਪਣੇ ਨਾਮ ਦੀ) ਖੱਟੀ ਖੱਟ ਰਿਹਾ ਹੈ।
41093	957	ਆਪੇ ਕਰਿ ਪਾਸਾਰੁ ਆਪੇ ਰੰਗ ਰਟਿਆ॥	ਰੱਟਿਆ	Aapae Kar Paasaar Aapae Rang Rattiaa ||	He Himself made the expansive Universe; He Himself is imbued with joy.	ਪ੍ਰਭੂ ਆਪ ਹੀ (ਜਗਤ-) ਖਿਲਾਰਾ ਖਿਲਾਰ ਕੇ ਆਪ ਹੀ (ਇਸ ਖਿਲਾਰੇ ਦੇ) ਰੰਗਾਂ ਵਿਚ ਮਿਲਿਆ ਹੋਇਆ ਹੈ।
41094	957	ਕੁਦਰਤਿ ਕੀਮ ਨ ਪਾਇ ਅਲਖ ਬ੍ਰਹਮਟਿਆ॥	ਬ੍ਰਹਮੱਟਿਆ	Kudharath Keem N Paae Alakh Brehamattiaa ||	The value of God's almighty creative power cannot be estimated.	ਉਸ ਅਲੱਖ ਪਰਮਾਤਮਾ ਦੀ ਰਚੀ ਕੁਦਰਤਿ ਦਾ ਮੁੱਲ ਨਹੀਂ ਪੈ ਸਕਦਾ।
41095	957	ਅਗਮ ਅਥਾਹ ਬੇਅੰਤ ਪਰੈ ਪਰਟਿਆ॥	ਪਰੱਟਿਆ	Agam Athhaah Baeanth Parai Parattiaa ||	He is inaccessible, unfathomable, endless, the farthest of the far.	ਪ੍ਰਭੂ ਅਪਹੁੰਚ ਹੈ, (ਉਹ ਇਕ ਐਸਾ ਸਮੁੰਦਰ ਹੈ ਜਿਸ ਦੀ) ਡੂੰਘਾਈ ਲੱਭ ਨਹੀਂ ਸਕਦੀ, ਉਸ ਦਾ ਅੰਤ ਨਹੀਂ ਪਾਇਆ ਜਾ ਸਕਦਾ, ਉਹ ਪਰੇ ਤੋਂ ਪਰੇ ਹੈ।

41096	957	ਆਪੇ ਵਡ ਪਾਤਿਸਾਹੁ ਆਪਿ ਵਜੀਰਟਿਆ॥	ਵਜੀਰ-ਟਿਆ	Aapae Vadd Paathisaahu Aap Vajeerattiaa ||	He Himself is the greatest Emperor; He Himself is His own Prime Minister.	ਪ੍ਰਭੂ ਆਪ ਹੀ ਵੱਡਾ ਪਾਤਿਸ਼ਾਹ ਹੈ, ਆਪ ਹੀ ਆਪਣਾ ਸਲਾਹਕਾਰ ਹੈ।
41097	957	ਕੋਇ ਨ ਜਾਣੈ ਕੀਮ ਕੇਵਡੁ ਮਟਿਆ॥	ਮੱਟਿਆ	Koe N Jaanai Keem Kaevadd Mattiaa ||	No one knows His worth, or the greatness of His resting place.	ਕੋਈ ਜੀਵ ਪ੍ਰਭੂ ਦੀ ਬਜ਼ੁਰਗੀ ਦਾ ਮੁੱਲ ਨਹੀਂ ਪਾ ਸਕਦਾ, ਕੋਈ ਨਹੀਂ ਜਾਣਦਾ ਕਿ ਉਸ ਦਾ ਕੇਡਾ ਵੱਡਾ (ਉੱਚਾ) ਟਿਕਾਣਾ ਹੈ।
41098	957	ਸਚਾ ਸਾਹਿਬੁ ਆਪਿ ਗੁਰਮੁਖਿ ਪਰਗਟਿਆ॥੧॥	ਪਰਗ-ਟਿਆ	Sachaa Saahib Aap Guramukh Paragattiaa ||1||	He Himself is our True Lord and Master. He reveals Himself to the Gurmukh. ||1||	ਪ੍ਰਭੂ ਆਪ ਹੀ ਸਦਾ-ਥਿਰ ਰਹਿਣ ਵਾਲਾ ਮਾਲਕ ਹੈ। ਗੁਰੂ ਦੀ ਰਾਹੀਂ ਹੀ ਉਸ ਦੀ ਸੋਝੀ ਪੈਂਦੀ ਹੈ ॥੧॥
41099	957	ਸਲੋਕੁ ਮਃ ੫॥		Salok Ma 5 ||	Shalok, Fifth Mehl:	
41100	957	ਸੁਣਿ ਸਜਣ ਪ੍ਰੀਤਮ ਮੇਰਿਆ ਮੈ ਸਤਿਗੁਰੁ ਦੇਹੁ ਦਿਖਾਲਿ॥		Sun Sajan Preetham Maeriaa Mai Sathigur Dhaehu Dhikhaal ||	Listen, O my beloved friend: please show me the True Guru.	ਹੇ ਮੇਰੇ ਪਿਆਰੇ ਸੱਜਣ ਪ੍ਰਭੂ! (ਮੇਰੀ ਬੇਨਤੀ) ਸੁਣ, ਮੈਨੂੰ ਗੁਰੂ ਦਾ ਦੀਦਾਰ ਕਰਾ ਦੇਹ।
41101	957	ਹਉ ਤਿਸੁ ਦੇਵਾ ਮਨੁ ਆਪਣਾ ਨਿਤ ਹਿਰਦੈ ਰਖਾ ਸਮਾਲਿ॥		Ho This Dhaevaa Man Aapanaa Nith Hiradhai Rakhaa Samaal ||	I dedicate my mind to Him; I keep Him continually enshrined within my heart.	ਮੈਂ ਗੁਰੂ ਨੂੰ ਆਪਣਾ ਮਨ ਦੇ ਦੇਵਾਂਗਾ ਤੇ ਉਸ ਨੂੰ ਸਦਾ ਆਪਣੇ ਹਿਰਦੇ ਵਿਚ ਸਾਂਭ ਕੇ ਰੱਖਾਂਗਾ,

41102	957	ਇਕਸੁ ਸਤਿਗੁਰ ਬਾਹਰਾ ਧ੍ਰਿਗੁ ਜੀਵਣੁ ਸੰਸਾਰਿ॥		Eikas Sathigur Baaharaa Dhrig Jeevan Sansaar ||	Without the One and Only True Guru, life in this world is cursed.	(ਕਿਉਂਕਿ) ਇਕ ਗੁਰੂ ਤੋਂ ਬਿਨਾ ਜਗਤ ਵਿਚ ਜਿਊਣਾ ਫਿਟਕਾਰ-ਜੋਗ ਹੈ (ਗੁਰੂ ਦੇ ਦੱਸੇ ਰਾਹ ਉਤੇ ਤੁਰਨ ਤੋਂ ਬਿਨਾ ਜਗਤ ਵਿਚ ਫਿਟਕਾਰਾਂ ਹੀ ਪੈਂਦੀਆਂ ਹਨ)।
41103	957	ਜਨ ਨਾਨਕ ਸਤਿਗੁਰੁ ਤਿਨਾ ਮਿਲਾਇਓਨੁ ਜਿਨ ਸਦ ਹੀ ਵਰਤੈ ਨਾਲਿ॥੧॥		Jan Naanak Sathigur Thinaa Milaaeioun Jin Sadh Hee Varathai Naal ||1||	O servant Nanak, they alone meet the True Guru, with whom He constantly abides. ||1||	ਹੇ ਦਾਸ ਨਾਨਕ! ਉਸ (ਪ੍ਰਭੂ) ਨੇ ਉਹਨਾਂ (ਭਾਗਾਂ ਵਾਲਿਆਂ) ਨੂੰ ਗੁਰੂ ਮਿਲਾਇਆ ਹੈ, ਜਿਨ੍ਹਾਂ ਦੇ ਨਾਲ ਪ੍ਰਭੂ ਆਪ ਸਦਾ ਵੱਸਦਾ ਹੈ ॥੧॥
41104	957	ਮਃ ੫॥		Ma 5 ||	Fifth Mehl:	
41105	957	ਮੇਰੈ ਅੰਤਰਿ ਲੋਚਾ ਮਿਲਣ ਕੀ ਕਿਉ ਪਾਵਾ ਪ੍ਰਭ ਤੋਹਿ॥		Maerai Anthar Lochaa Milan Kee Kio Paavaa Prabh Thohi ||	Deep within me is the longing to meet You; how can I find You, God?	ਹੇ ਪ੍ਰਭੂ! ਮੇਰੇ ਹਿਰਦੇ ਵਿਚ ਤੈਨੂੰ ਮਿਲਣ ਦੀ ਤਾਂਘ ਹੈ, ਕਿਵੇਂ ਤੈਨੂੰ ਮਿਲਾਂ?
41106	957	ਕੋਈ ਐਸਾ ਸਜਣੁ ਲੋੜਿ ਲਹੁ ਜੋ ਮੇਲੇ ਪ੍ਰੀਤਮੁ ਮੋਹਿ॥		Koee Aisaa Sajan Lorr Lahu Jo Maelae Preetham Mohi ||	I will search for someone, some friend, who will unite me with my Beloved.	ਮੈਨੂੰ ਕੋਈ ਅਜੇਹਾ ਮਿੱਤਰ ਲੱਭ ਦਿਉ ਜੋ ਮੈਨੂੰ ਪਿਆਰਾ ਪ੍ਰਭੂ ਮਿਲਾ ਦੇਵੇ।
41107	957	ਗੁਰਿ ਪੂਰੈ ਮੇਲਾਇਆ ਜਤ ਦੇਖਾ ਤਤ ਸੋਇ॥		Gur Poorai Maelaaeiaa Jath Dhaekhaa Thath Soe ||	The Perfect Guru has united me with Him; wherever I look, there He is.	(ਮੇਰੀ ਅਰਜ਼ੋਈ ਸੁਣ ਕੇ) ਪੂਰੇ ਗੁਰੂ ਨੇ ਮੈਨੂੰ ਪ੍ਰਭੂ ਮਿਲਾ ਦਿੱਤਾ ਹੈ, (ਹੁਣ) ਮੈਂ ਜਿਧਰ ਤੱਕਦਾ ਹਾਂ ਓਧਰ ਉਹ ਪ੍ਰਭੂ ਹੀ ਦਿੱਸਦਾ ਹੈ।

41108	957	ਜਨ ਨਾਨਕ ਸੋ ਪ੍ਰਭੁ ਸੇਵਿਆ ਤਿਸੁ ਜੇਵਡੁ ਅਵਰੁ ਨ ਕੋਇ॥੨॥		Jan Naanak So Prabh Saeviaa This Jaevadd Avar N Koe ||2||	Servant Nanak serves that God; there is no other as great as He is. ||2||	ਹੇ ਦਾਸ ਨਾਨਕ! ਮੈਂ ਹੁਣ ਉਸ ਪ੍ਰਭੂ ਨੂੰ ਸਿਮਰਦਾ ਹਾਂ, ਉਸ ਪ੍ਰਭੂ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ ॥੨॥
41109	957	ਪਉੜੀ॥		Pourree ||	Pauree:	
41110	957	ਦੇਵਣਹਾਰੁ ਦਾਤਾਰੁ ਕਿਤੁ ਮੁਖਿ ਸਾਲਾਹੀਐ॥		Dhaevanehaar Dhaathaar Kith Mukh Saalaaheeai ||	He is the Great Giver, the Generous Lord; with what mouth can I praise Him?	(ਸਭ ਜੀਵਾਂ ਨੂੰ ਰਿਜ਼ਕ) ਦੇਣ ਵਾਲੇ ਦਾਤੇ ਪ੍ਰਭੂ ਨੂੰ ਕਿਸੇ ਮੂੰਹ ਨਾਲ ਭੀ ਸਲਾਹਿਆ ਨਹੀਂ ਜਾ ਸਕਦਾ (ਕੋਈ ਭੀ ਜੀਵ ਉਸ ਦੀ ਸਿਫ਼ਤ ਪੂਰੀ ਤਰ੍ਹਾਂ ਨਹੀਂ ਕਰ ਸਕਦਾ)।
41111	957	ਜਿਸੁ ਰਖੈ ਕਿਰਪਾ ਧਾਰਿ ਰਿਜਕੁ ਸਮਾਹੀਐ॥		Jis Rakhai Kirapaa Dhaar Rijak Samaaheeai ||	In His Mercy, He protects, preserves and sustains us.	ਪ੍ਰਭੂ ਮੇਹਰ ਕਰ ਕੇ ਜਿਸ ਜੀਵ ਦੀ ਰਾਖੀ ਕਰਦਾ ਹੈ ਉਸ ਨੂੰ ਰਿਜ਼ਕ ਅਪੜਾਂਦਾ ਹੈ।
41112	957	ਕੋਇ ਨ ਕਿਸ ਹੀ ਵਸਿ ਸਭਨਾ ਇਕ ਧਰ॥	ਵੱਸਿ	Koe N Kis Hee Vas Sabhanaa Eik Dhhar ||	No one is under anyone else's control; He is the One Support of all.	(ਅਸਲ ਵਿਚ) ਕੋਈ ਜੀਵ ਕਿਸੇ (ਹੋਰ ਜੀਵ) ਦੇ ਆਸਰੇ ਨਹੀਂ ਹੈ, ਸਭਨਾਂ ਜੀਵਾਂ ਦਾ ਆਸਰਾ ਇਕ ਪਰਮਾਤਮਾ ਹੀ ਹੈ।
41113	957	ਪਾਲੇ ਬਾਲਕ ਵਾਗਿ ਦੇ ਕੈ ਆਪਿ ਕਰ॥	ਵਾਂਗਿ	Paalae Baalak Vaag Dhae Kai Aap Kar ||	He cherishes all as His children, and reaches out with His hand.	ਉਹ ਆਪ ਹੀ (ਆਪਣੇ) ਹੱਥ ਦੇ ਕੇ ਬਾਲਕ ਵਾਂਗ ਪਾਲਦਾ ਹੈ।

41114	957	ਕਰਦਾ ਅਨਦ ਬਿਨੋਦ ਕਿਛੂ ਨ ਜਾਣੀਐ॥		Karadhaa Anadh Binodh Kishhoo N Jaaneeai ||	He stages His joyous plays, which no one understands at all.	ਪ੍ਰਭੂ ਆਪ ਹੀ ਚੋਜ-ਤਮਾਸ਼ੇ ਕਰ ਰਿਹਾ ਹੈ, (ਉਸ ਦੇ ਇਹਨਾਂ ਚੋਜ-ਤਮਾਸ਼ਿਆਂ ਦੀ) ਕੋਈ ਸਮਝ ਨਹੀਂ ਪੈ ਸਕਦੀ।
41115	957	ਸਰਬ ਧਾਰ ਸਮਰਥ ਹਉ ਤਿਸੁ ਕੁਰਬਾਣੀਐ॥		Sarab Dhhaar Samarathh Ho This Kurabaaneeai ||	The all-powerful Lord gives His Support to all; I am a sacrifice to Him.	ਮੈਂ ਸਦਕੇ ਹਾਂ ਉਸ ਪ੍ਰਭੂ ਤੋਂ ਜੋ ਸਭ ਜੀਵਾਂ ਦਾ ਆਸਰਾ ਹੈ ਤੇ ਸਭ ਕੁਝ ਕਰਨ ਦੀ ਤਾਕਤ ਰੱਖਦਾ ਹੈ।
41116	957	ਗਾਈਐ ਰਾਤਿ ਦਿਨੰਤੁ ਗਾਵਣ ਜੋਗਿਆ॥		Gaaeeai Raath Dhinanth Gaavan Jogiaa ||	Night and day, sing the Praises of the One who is worthy of being praised.	ਰਾਤ ਦਿਨੇ ਪ੍ਰਭੂ ਦੀਆਂ ਸਿਫ਼ਤਾਂ ਕਰਨੀਆਂ ਚਾਹੀਦੀਆਂ ਹਨ। ਪਰਮਾਤਮਾ ਹੀ ਇਕ ਐਸੀ ਹਸਤੀ ਹੈ ਜਿਸ ਦੇ ਗੁਣ ਗਾਣੇ ਚਾਹੀਦੇ ਹਨ।
41117	957	ਜੋ ਗੁਰ ਕੀ ਪੈਰੀ ਪਾਹਿ ਤਿਨੀ ਹਰਿ ਰਸੁ ਭੋਗਿਆ॥੨॥		Jo Gur Kee Pairee Paahi Thinee Har Ras Bhogiaa ||2||	Those who fall at the Guru's Feet, enjoy the sublime essence of the Lord. ||2||	(ਪਰ) ਉਹਨਾਂ ਬੰਦਿਆਂ ਨੇ ਪ੍ਰਭੂ (ਦੇ ਗੁਣ ਗਾਵਣ) ਦਾ ਆਨੰਦ ਮਾਣਿਆ ਹੈ ਜੋ ਸਤਿਗੁਰੂ ਦੇ ਚਰਨਾਂ ਤੇ ਪੈਂਦੇ ਹਨ ॥੨॥
41118	957	ਸਲੋਕ ਮਃ ੫॥		Salok Ma 5 ||	Shalok, Fifth Mehl:	
41119	957	ਭੀੜਹੁ ਮੋਕਲਾਈ ਕੀਤੀਅਨੁ ਸਭ ਰਖੇ ਕੁਟੰਬੈ ਨਾਲਿ॥		Bheerrahu Mokalaaee Keetheean Sabh Rakhae Kuttanbai Naal ||	He has widened the narrow path for me, and preserved my integrity, along with that of my family.	(ਹੇ ਮਨ! ਜਿਹੜਾ ਪ੍ਰਭੂ) ਤੈਨੂੰ ਦੁੱਖਾਂ ਤੋਂ ਖ਼ਲਾਸੀ ਦੇਂਦਾ ਹੈ ਤੇ ਤੇਰੇ ਸਾਰੇ ਪਰਵਾਰ ਸਮੇਤ ਤੇਰੀ ਰੱਖਿਆ ਕਰਦਾ ਹੈ,

41120	957	ਕਾਰਜ ਆਪਿ ਸਵਾਰਿਅਨੁ ਸੋ ਪ੍ਰਭ ਸਦਾ ਸਭਾਲਿ॥		Kaaraj Aap Savaarian So Prabh Sadhaa Sabhaal ||	He Himself has arranged and resolved my affairs. I dwell upon that God forever.	ਉਸ ਪ੍ਰਭੂ ਨੂੰ ਸਦਾ ਯਾਦ ਕਰ ਜੋ ਤੇਰੇ ਸਾਰੇ ਕੰਮ ਆਪ ਸੰਵਾਰਦਾ ਹੈ।
41121	957	ਪ੍ਰਭੁ ਮਾਤ ਪਿਤਾ ਕੰਠਿ ਲਾਇਦਾ ਲਹੁੜੇ ਬਾਲਕ ਪਾਲਿ॥		Prabh Maath Pithaa Kanth Laaeidhaa Lahurrae Baalak Paal ||	God is my mother and father; He hugs me close in His embrace, and cherishes me, like His tiny baby.	ਮਾਪਿਆਂ ਵਾਂਗ ਅੰਞਾਣੇ ਬਾਲਾਂ ਨੂੰ ਪਾਲ ਕੇ ਪ੍ਰਭੂ (ਜੀਵਾਂ ਨੂੰ) ਗਲ ਲਾਉਂਦਾ ਹੈ।
41122	957	ਦਇਆਲ ਹੋਏ ਸਭ ਜੀਅ ਜੰਤ੍ਰ ਹਰਿ ਨਾਨਕ ਨਦਰਿ ਨਿਹਾਲ॥੧॥		Dhaeiaal Hoeae Sabh Jeea Janthr Har Naanak Nadhar Nihaal ||1||	All beings and creatures have become kind and compassionate to me. O Nanak, the Lord has blessed me with His Glance of Grace. ||1||	ਹੇ ਨਾਨਕ! ਜਿਸ ਮਨੁੱਖ ਵਲ ਪ੍ਰਭੂ ਮੇਹਰ ਦੀ ਨਜ਼ਰ ਨਾਲ ਤੱਕਦਾ ਹੈ, ਉਸ ਉਤੇ ਸਭ ਜੀਵ ਦਿਆਲ ਹੋ ਜਾਂਦੇ ਹਨ ॥੧॥
41123	958	ਮਃ ੫॥		Ma 5 ||	Fifth Mehl:	
41124	958	ਵਿਣੁ ਤੁਧੁ ਹੋਰੁ ਜਿ ਮੰਗਣਾ ਸਿਰਿ ਦੁਖਾ ਕੈ ਦੁਖ॥		Vin Thudhh Hor J Manganaa Sir Dhukhaa Kai Dhukh ||	To ask for any other than You, Lord, is the most miserable of miseries.	ਹੇ ਪ੍ਰਭੂ! ਤੇਰੇ ਨਾਮ ਤੋਂ ਬਿਨਾ (ਤੈਥੋਂ) ਕੁਝ ਹੋਰ ਮੰਗਣਾ ਭਾਰੇ ਦੁੱਖ ਸਹੇੜਨੇ ਹਨ।

41125	958	ਦੇਹਿ ਨਾਮੁ ਸੰਤੋਖੀਆ ਉਤਰੈ ਮਨ ਕੀ ਭੁਖ॥		Dhaehi Naam Santhokheeaa Outharai Man Kee Bhukh ||	Please bless me with Your Name, and make me content; may the hunger of my mind be satisfied.	(ਹੇ ਪ੍ਰਭੂ!) ਮੈਨੂੰ ਆਪਣਾ ਨਾਮ ਦੇਹ ਤਾਂ ਜੁ ਮੈਨੂੰ ਸੰਤੋਖ ਆ ਜਾਏ ਤੇ ਮੇਰੇ ਮਨ ਦੀ ਤ੍ਰਿਸ਼ਨਾ ਮੁੱਕ ਜਾਏ।
41126	958	ਗੁਰਿ ਵਣੁ ਤਿਣੁ ਹਰਿਆ ਕੀਤਿਆ ਨਾਨਕ ਕਿਆ ਮਨੁਖ॥੨॥		Gur Van Thin Hariaa Keethiaa Naanak Kiaa Manukh ||2||	The Guru has made the woods and meadows green again. O Nanak, is it any wonder that He blesses human beings as well? ||2||	ਹੇ ਨਾਨਕ! ਜਿਸ ਗੁਰੂ ਨੇ ਜੰਗਲ ਤੇ (ਜੰਗਲ ਦਾ ਸੁੱਕਾ) ਘਾਹ ਹਰਾ ਕਰ ਦਿੱਤਾ, ਮਨੁੱਖਾਂ ਨੂੰ ਹਰਾ ਕਰਨਾ ਉਸ ਦੇ ਵਾਸਤੇ ਕੇਹੜੀ ਵੱਡੀ ਗੱਲ ਹੈ? ॥੨॥
41127	958	ਪਉੜੀ॥		Pourree ||	Pauree:	
41128	958	ਸੋ ਐਸਾ ਦਾਤਾਰੁ ਮਨਹੁ ਨ ਵੀਸਰੈ॥	ਚਸਾ: ਪੋਲਾ ਬੋਲੋ	So Aisaa Dhaathaar Manahu N Veesarai ||	Such is that Great Giver; may I never forget Him from my mind.	ਅਜੇਹਾ ਦਾਤਾਂ ਦੇਣ ਵਾਲਾ ਪ੍ਰਭੂ ਮਨ ਤੋਂ ਭੁੱਲਣਾ ਨਹੀਂ ਚਾਹੀਦਾ,
41129	958	ਘੜੀ ਨ ਮੁਹਤੁ ਚਸਾ ਤਿਸੁ ਬਿਨੁ ਨਾ ਸਰੈ॥		Gharree N Muhath Chasaa This Bin Naa Sarai ||	I cannot survive without Him, for an instant, for a moment, for a second.	(ਕਿਉਂਕਿ) ਉਸ ਤੋਂ ਬਿਨਾ (ਉਸ ਨੂੰ ਭੁਲਾ ਕੇ, ਜ਼ਿੰਦਗੀ ਦੀ) ਘੜੀ ਦੇ ਘੜੀਆਂ ਪਲ ਆਦਿਕ (ਥੋੜਾ ਭੀ ਸਮਾ) ਸੌਖਾ ਨਹੀਂ ਗੁਜ਼ਰਦਾ।
41130	958	ਅੰਤਰਿ ਬਾਹਰਿ ਸੰਗਿ ਕਿਆ ਕੋ ਲੁਕਿ ਕਰੈ॥	ਲੁਕਿ: ਪੋਲਾ ਬੋਲੋ	Anthar Baahar Sang Kiaa Ko Luk Karai ||	Inwardly and outwardly, He is with us; how can we hide anything from Him?	ਪ੍ਰਭੂ ਜੀਵ ਦੇ (ਸਦਾ) ਅੰਦਰ (ਵੱਸਦਾ ਹੈ,) ਉਸ ਦੇ ਬਾਹਰ (ਚੁਗਿਰਦੇ ਭੀ) ਮੌਜੂਦ ਹੈ, ਕੋਈ ਜੀਵ ਕੋਈ ਕੰਮ ਉਸ ਤੋਂ ਲੁਕਾ-ਛਿਪਾ ਕੇ ਨਹੀਂ ਕਰ ਸਕਦਾ।

41131	958	ਜਿਸੁ ਪਤਿ ਰਖੈ ਆਪਿ ਸੋ ਭਵਜਲੁ ਤਰੈ॥		Jis Path Rakhai Aap So Bhavajal Tharai ||	One whose honor He Himself has preserved, crosses over the terrifying world-ocean.	ਉਹੀ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘਦਾ ਹੈ (ਸੰਸਾਰ ਦੇ ਵਿਕਾਰਾਂ ਤੋਂ ਬਚਦਾ ਹੈ) ਜਿਸ ਦੀ ਇੱਜ਼ਤ ਦੀ ਰਾਖੀ ਪ੍ਰਭੂ ਆਪ ਕਰਦਾ ਹੈ।
41132	958	ਭਗਤੁ ਗਿਆਨੀ ਤਪਾ ਜਿਸੁ ਕਿਰਪਾ ਕਰੈ॥	ਤਪਾ: ਪੋਲਾ ਬੋਲੋ	Bhagath Giaanee Thapaa Jis Kirapaa Karai ||	He alone is a devotee, a spiritual teacher, and a disciplined pratictioner of meditation, whom the Lord has so blessed.	ਉਹੀ ਭਗਤ ਹੈ, ਉਹੀ ਗਿਆਨਵਾਨ ਹੈ, ਉਹੀ ਤਪੀ ਹੈ, ਜਿਸ ਉਤੇ ਪ੍ਰਭੂ ਮੇਹਰ ਕਰਦਾ ਹੈ।
41133	958	ਸੋ ਪੂਰਾ ਪਰਧਾਨੁ ਜਿਸ ਨੋ ਬਲੁ ਧਰੈ॥		So Pooraa Paradhhaan Jis No Bal Dhharai ||	He alone is perfect and renowned as supreme, whom the Lord has blessed with His power.	ਜਿਸ ਨੂੰ (ਵਿਕਾਰਾਂ ਦਾ ਟਾਕਰਾ ਕਰਨ ਲਈ) ਪ੍ਰਭੂ (ਆਤਮਕ) ਤਾਕਤ ਬਖ਼ਸ਼ਦਾ ਹੈ, ਉਸ ਦੀ ਕਮਾਈ ਸਫਲ ਹੋ ਜਾਂਦੀ ਹੈ, ਉਹ ਆਦਰ ਪਾਂਦਾ ਹੈ।
41134	958	ਜਿਸਹਿ ਜਰਾਏ ਆਪਿ ਸੋਈ ਅਜਰੁ ਜਰੈ॥	ਅ-ਜਰੁ	Jisehi Jaraaeae Aap Soee Ajar Jarai ||	He alone endures the unendurable, whom the Lord inspires to endure it.	(ਉਂਞ ਮਾਨਸਕ ਤਾਕਤ ਭੀ ਇਕ ਐਸੀ ਅਵਸਥਾ ਹੈ ਜਿਸ ਦੀ ਪ੍ਰਾਪਤੀ ਤੇ ਸੰਭਲਣ ਦੀ ਬੜੀ ਲੋੜ ਹੁੰਦੀ ਹੈ, ਆਮ ਤੌਰ ਤੇ ਮਨੁੱਖ ਰਿੱਧੀਆਂ-ਸਿੱਧੀਆਂ ਵਲ ਪਰਤ ਪੈਂਦਾ ਹੈ) ਇਸ ਡੁਲਾ ਦੇਣ ਵਾਲੀ ਅਵਸਥਾ ਨੂੰ ਉਹੀ ਮਨੁੱਖ ਸੰਭਾਲਦਾ ਹੈ, ਜਿਸ ਨੂੰ ਪ੍ਰਭੂ ਆਪ ਸੰਭਲਣ ਦੀ ਸਹੈਤਾ ਦੇਵੇ।

41135	958	ਤਿਸ ਹੀ ਮਿਲਿਆ ਸਚੁ ਮੰਤ੍ਰੁ ਗੁਰ ਮਨਿ ਧਰੈ॥੩॥		This Hee Miliaa Sach Manthra Gur Man Dhharai ||3||	And he alone meets the True Lord, within whose mind the Guru's Mantra is implanted. ||3||	ਜੋ ਮਨੁੱਖ ਗੁਰੂ ਦਾ ਉਪਦੇਸ਼ ਹਿਰਦੇ ਵਿਚ ਟਿਕਾਂਦਾ ਹੈ, ਉਸਨੂੰ ਸਦਾ-ਥਿਰ ਪ੍ਰਭੂ ਮਿਲਦਾ ਹੈ ॥੩॥
41136	958	ਸਲੋਕੁ ਮਃ ੫॥		Salok Ma 5 ||	Shalok, Fifth Mehl:	
41137	958	ਧੰਨੁ ਸੁ ਰਾਗ ਸੁਰੰਗੜੇ ਆਲਾਪਤ ਸਭ ਤਿਖ ਜਾਇ॥	ਤਿਖ: ਪੋਲਾ ਬੋਲੋ। (ਸੁਰੰਗੜੇ) ਸ੍ਰੇਸਟ ਅਨੰਦ ਵਾਲੇ	Dhhann S Raag Surangarrae Aalaapath Sabh Thikh Jaae ||	Blessed are those beautiful Ragas which, when chanted, quench all thirst.	ਉਹ ਸੋਹਣੇ ਰਾਗ ਮੁਬਾਰਿਕ ਹਨ ਜਿਨ੍ਹਾਂ ਦੇ ਗਾਂਵਿਆਂ (ਮਨ ਦੀ) ਤ੍ਰਿਸ਼ਨਾ ਨਾਸ ਹੋ ਜਾਏ।
41138	958	ਧੰਨੁ ਸੁ ਜੰਤ ਸੁਹਾਵੜੇ ਜੋ ਗੁਰਮੁਖਿ ਜਪਦੇ ਨਾਉ॥		Dhhann S Janth Suhaavarrae Jo Guramukh Japadhae Naao ||	Blessed are those beautiful people who, as Gurmukh, chant the Name of the Lord.	ਉਹ ਸੋਹਣੇ ਜੀਵ ਭਾਗਾਂ ਵਾਲੇ ਹਨ ਜੋ ਗੁਰੂ ਦੇ ਸਨਮੁਖ ਹੋ ਕੇ ਪ੍ਰਭੂ ਦਾ ਨਾਮ ਜਪਦੇ ਹਨ।
41139	958	ਜਿਨੀ ਇਕ ਮਨਿ ਇਕੁ ਅਰਾਧਿਆ ਤਿਨ ਸਦ ਬਲਿਹਾਰੈ ਜਾਉ॥		Jinee Eik Man Eik Araadhhiaa Thin Sadh Balihaarai Jaao ||	I am a sacrifice to those who single-mindedly worship and adore the One Lord.	ਮੈਂ ਉਹਨਾਂ ਬੰਦਿਆਂ ਤੋਂ ਸਦਾ ਸਦਕੇ ਹਾਂ ਜੋ ਇਕ-ਮਨ ਹੋ ਕੇ ਪ੍ਰਭੂ ਨੂੰ ਸਿਮਰਦੇ ਹਨ।

41140	958	ਤਿਨ ਕੀ ਧੂੜਿ ਹਮ ਬਾਛਦੇ ਕਰਮੀ ਪਲੈ ਪਾਇ॥	ਪੱਲੈ	Thin Kee Dhhoorr Ham Baashhadhae Karamee Palai Paae ||	I yearn for the dust of their feet; by His Grace, it is obtained.	ਅਸੀਂ (ਮੈਂ) ਉਹਨਾਂ ਦੇ ਚਰਨਾਂ ਦੀ ਧੂੜ ਚਾਹੁੰਦੇ (ਚਾਹੁੰਦਾ) ਹਾਂ, ਪਰ ਇਹ ਧੂੜ ਪ੍ਰਭੂ ਦੀ ਮੇਹਰ ਨਾਲ ਮਿਲਦੀ ਹੈ।
41141	958	ਜੋ ਰਤੇ ਰੰਗਿ ਗੋਵਿੰਦ ਕੈ ਹਉ ਤਿਨ ਬਲਿਹਾਰੈ ਜਾਉ॥		Jo Rathae Rang Govidh Kai Ho Thin Balihaarai Jaao ||	I am a sacrifice to those who are imbued with love for the Lord of the Universe.	ਜੋ ਮਨੁੱਖ ਪਰਮਾਤਮਾ ਦੇ ਪਿਆਰ ਵਿਚ ਰੰਗੇ ਹੋਏ ਹਨ, ਮੈਂ ਉਹਨਾਂ ਤੋਂ ਕੁਰਬਾਨ ਹਾਂ।
41142	958	ਆਖਾ ਬਿਰਥਾ ਜੀਅ ਕੀ ਹਰਿ ਸਜਣੁ ਮੇਲਹੁ ਰਾਇ॥		Aakhaa Birathhaa Jeea Kee Har Sajan Maelahu Raae ||	I tell them the state of my soul, and pray that I may be united with the Sovereign Lord King, my Friend.	ਮੈਂ ਉਹਨਾਂ ਅੱਗੇ ਦਿਲ ਦਾ ਦੁੱਖ ਦੱਸਦਾ ਹਾਂ (ਤੇ ਆਖਦਾ ਹਾਂ ਕਿ) ਮੈਨੂੰ ਪਿਆਰਾ ਪ੍ਰਭੂ ਪਾਤਿਸ਼ਾਹ ਮਿਲਾਓ।
41143	958	ਗੁਰਿ ਪੂਰੈ ਮੇਲਾਇਆ ਜਨਮ ਮਰਣ ਦੁਖੁ ਜਾਇ॥		Gur Poorai Maelaaeiaa Janam Maran Dhukh Jaae ||	The Perfect Guru has united me with Him, and the pains of birth and death have departed.	ਜਿਸ ਮਨੁੱਖ ਨੂੰ ਪੂਰੇ ਸਤਿਗੁਰੂ ਨੇ ਪ੍ਰਭੂ ਮਿਲਾ ਦਿੱਤਾ ਉਸ ਦਾ ਸਾਰੀ ਉਮਰ ਦਾ ਦੁੱਖ-ਕਲੇਸ਼ ਮਿਟ ਜਾਂਦਾ ਹੈ।
41144	958	ਜਨ ਨਾਨਕ ਪਾਇਆ ਅਗਮ ਰੂਪੁ ਅਨਤ ਨ ਕਾਹੂ ਜਾਇ॥੧॥		Jan Naanak Paaeiaa Agam Roop Anath N Kaahoo Jaae ||1||	Servant Nanak has found the inaccessible, infinitely beautiful Lord, and he will not go anywhere else. ||1||	ਹੇ ਨਾਨਕ! ਉਸ ਮਨੁੱਖ ਨੂੰ ਅਪਹੁੰਚ ਪ੍ਰਭੂ ਮਿਲ ਪੈਂਦਾ ਹੈ ਤੇ ਉਹ ਕਿਸੇ ਹੋਰ ਪਾਸੇ ਨਹੀਂ ਭਟਕਦਾ ॥੧॥

41145	958	ਮਃ ੫॥		Ma 5 ||	Fifth Mehl:	
41146	958	ਧੰਨੁ ਸੁ ਵੇਲਾ ਘੜੀ ਧੰਨੁ ਧਨੁ ਮੂਰਤੁ ਪਲੁ ਸਾਰੁ॥	ਵੇਲਾ: ਪੋਲਾ ਬੋਲੋ	Dhhann S Vaelaa Gharree Dhhann Dhhan Moorath Pal Saar ||	Blessed is that time, blessed is that hour, blessed is that second, excellent is that instant;	ਉਹ ਵੇਲਾ ਉਹ ਘੜੀ ਭਾਗਾਂ ਵਾਲੇ ਹਨ, ਉਹ ਮੁਹੂਰਤ ਮੁਬਾਰਿਕ ਹੈ, ਉਹ ਪਲ ਸੋਹਣਾ ਹੈ,
41147	958	ਧੰਨੁ ਸੁ ਦਿਨਸੁ ਸੰਜੋਗੜਾ ਜਿਤੁ ਡਿਠਾ ਗੁਰ ਦਰਸਾਰੁ॥		Dhhann S Dhinas Sanjogarraa Jith Ddithaa Gur Dharasaar ||	Blessed is that day,and that opportunity, when I gazed upon the Blessed Vision of the Guru's Darshan.	ਉਹ ਦਿਨ ਤੇ ਉਹ ਸੋਹਣਾ ਸੰਜੋਗ ਮੁਬਾਰਿਕ ਹਨ ਜਦੋਂ ਸਤਿਗੁਰੂ ਦਾ ਦਰਸ਼ਨ ਹੁੰਦਾ ਹੈ।
41148	958	ਮਨ ਕੀਆ ਇਛਾ ਪੂਰੀਆ ਹਰਿ ਪਾਇਆ ਅਗਮ ਅਪਾਰੁ॥		Man Keeaa Eishhaa Pooreeaa Har Paaeiaa Agam Apaar ||	The mind's desires are fulfilled, when the inaccessible, unfathomable Lord is obtained.	(ਸਤਿਗੁਰੂ ਦੇ ਦੀਦਾਰ ਦੀ ਬਰਕਤਿ ਨਾਲ) ਮਨ ਦੀਆਂ ਸਾਰੀਆਂ ਤਾਂਘਾਂ ਪੂਰੀਆਂ ਹੋ ਜਾਂਦੀਆਂ ਹਨ (ਭਾਵ, ਮਨ ਵਾਸਨਾ-ਰਹਿਤ ਹੋ ਜਾਂਦਾ ਹੈ) ਤੇ ਅਗੰਮ ਬੇਅੰਤ ਪ੍ਰਭੂ ਮਿਲ ਪੈਂਦਾ ਹੈ।
41149	958	ਹਉਮੈ ਤੁਟਾ ਮੋਹੜਾ ਇਕੁ ਸਚੁ ਨਾਮੁ ਆਧਾਰੁ॥		Houmai Thuttaa Moharraa Eik Sach Naam Aadhhaar ||	Egotism and emotional attachment are eradicated, and one leans only on the Support of the True Name.	ਹਉਮੈ ਨਾਸ ਹੋ ਜਾਂਦੀ ਹੈ, ਚੰਦਰਾ ਮੋਹ ਮੁੱਕ ਜਾਂਦਾ ਹੈ ਤੇ ਪ੍ਰਭੂ ਦਾ ਸਦਾ ਕਾਇਮ ਰਹਿਣ ਵਾਲਾ ਨਾਮ ਹੀ (ਜੀਵਨ ਦਾ) ਆਸਰਾ ਬਣ ਜਾਂਦਾ ਹੈ।

41150	958	ਜਨੁ ਨਾਨਕੁ ਲਗਾ ਸੇਵ ਹਰਿ ਉਧਰਿਆ ਸਗਲ ਸੰਸਾਰੁ॥੨॥	ਲੱਗਾ, ਉ-ਧਰਿਆ	Jan Naanak Lagaa Saev Har Oudhhariaa Sagal Sansaar ||2||	O servant Nanak, one who is committed to the Lord's service - the whole world is saved along with him. ||2||	ਦਾਸ ਨਾਨਕ ਭੀ (ਗੁਰੂ ਦੇ ਦੀਦਾਰ ਦੀ ਬਰਕਤਿ ਨਾਲ ਹੀ) ਪ੍ਰਭੂ ਦੇ ਸਿਮਰਨ ਵਿਚ ਲੱਗਾ ਹੈ (ਜਿਸ ਸਿਮਰਨ ਦਾ ਸਦਕਾ) ਸਾਰਾ ਜਗਤ (ਵਿਕਾਰ ਆਦਿਕ ਤੋਂ) ਬਚ ਜਾਂਦਾ ਹੈ ॥੨॥
41151	958	ਪਉੜੀ॥		Pourree ||	Pauree:	
41152	958	ਸਿਫਤਿ ਸਲਾਹਣੁ ਭਗਤਿ ਵਿਰਲੇ ਦਿਤੀਅਨੁ॥		Sifath Salaahan Bhagath Viralae Dhitheean ||	How rare are those who are blessed to praise the Lord, in devotional worship.	ਸਿਫ਼ਤ-ਸਾਲਾਹ ਅਤੇ ਭਗਤੀ (ਦੀ ਦਾਤਿ) ਉਸ (ਪ੍ਰਭੂ) ਨੇ ਕਿਸੇ ਵਿਰਲੇ (ਭਾਗਾਂ ਵਾਲੇ) ਨੂੰ ਦਿੱਤੀ ਹੈ।
41153	958	ਸਉਪੇ ਜਿਸੁ ਭੰਡਾਰ ਫਿਰਿ ਪੁਛ ਨ ਲੀਤੀਅਨੁ॥		Soupae Jis Bhanddaar Fir Pushh N Leetheean ||	Those who are blessed with the Lord's treasures are not called to give their account again.	ਜਿਸ (ਮਨੁੱਖ) ਨੂੰ ਉਸ ਨੇ (ਸਿਫ਼ਤ-ਸਾਲਾਹ ਦੇ) ਖ਼ਜ਼ਾਨੇ ਸੌਂਪੇ ਹਨ; ਉਸ ਪਾਸੋਂ ਫਿਰ ਕੀਤੇ ਕਰਮਾਂ ਦਾ ਲੇਖਾ ਨਹੀਂ ਲਿਆ,
41154	958	ਜਿਸ ਨੋ ਲਗਾ ਰੰਗੁ ਸੇ ਰੰਗਿ ਰਤਿਆ॥		Jis No Lagaa Rang Sae Rang Rathiaa ||	Those who are imbued with His Love are absorbed in ecstasy.	ਕਿਉਂਕਿ ਜਿਸ ਜਿਸ ਮਨੁੱਖ ਨੂੰ (ਸਿਫ਼ਤ-ਸਾਲਾਹ ਦਾ) ਇਸ਼ਕ-ਪਿਆਰ ਲੱਗ ਗਿਆ, ਉਹ ਉਸੇ ਰੰਗ ਵਿਚ (ਸਦਾ ਲਈ) ਰੰਗੇ ਗਏ।
41155	958	ਓਨਾ ਇਕੋ ਨਾਮੁ ਅਧਾਰੁ ਇਕਾ ਉਨ ਭਤਿਆ॥	ਭਤਿਆ: ਪੋਲਾ ਬੋਲੋ	Ounaa Eiko Naam Adhhaar Eikaa Oun Bhathiaa ||	They take the Support of the One Name; the One Name is their only food.	ਪ੍ਰਭੂ ਦੀ ਯਾਦ ਹੀ ਉਹਨਾਂ ਦੀ ਜ਼ਿੰਦਗੀ ਦਾ ਆਸਰਾ ਬਣ ਜਾਂਦਾ ਹੈ ਇਹੀ ਇਕ ਨਾਮ ਉਹਨਾਂ ਦੀ (ਆਤਮਕ) ਖ਼ੁਰਾਕ ਹੋ ਜਾਂਦਾ ਹੈ।

41156	958	ਓਨਾ ਪਿਛੈ ਜਗੁ ਭੁੰਚੈ ਭੋਗਈ॥	ਜੱਗੁ	Ounaa Pishhai Jag Bhunchai Bhogee ||	For their sake, the world eats and enjoys.	ਅਜੇਹੇ ਬੰਦਿਆਂ ਦੇ ਪੂਰਨਿਆਂ ਤੇ ਤੁਰ ਕੇ (ਸਾਰਾ) ਜਗਤ (ਸਿਫ਼ਤ-ਸਾਲਾਹ ਦੀ) ਖ਼ੁਰਾਕ ਖਾਂਦਾ ਮਾਣਦਾ ਹੈ।
41157	958	ਓਨਾ ਪਿਆਰਾ ਰਬੁ ਓਨਾਹਾ ਜੋਗਈ॥	ਜੋਗਈ: ਕਸਕੇ ਬੋਲੋ	Ounaa Piaaraa Rab Ounaahaa Jogee ||	Their Beloved Lord belongs to them alone.	ਉਹਨਾਂ ਨੂੰ ਰੱਬ (ਇਤਨਾ) ਪਿਆਰਾ ਲੱਗਦਾ ਹੈ ਕਿ ਰੱਬ ਉਹਨਾਂ ਦੇ ਪਿਆਰ ਦੇ ਵੱਸ ਵਿਚ ਹੋ ਜਾਂਦਾ ਹੈ।
41158	958	ਜਿਸੁ ਮਿਲਿਆ ਗੁਰੁ ਆਇ ਤਿਨਿ ਪ੍ਰਭੁ ਜਾਣਿਆ॥		Jis Miliaa Gur Aae Thin Prabh Jaaniaa ||	The Guru comes and meets them; they alone know God.	ਪਰ ਪ੍ਰਭੂ ਨਾਲ (ਸਿਰਫ਼) ਉਸ ਮਨੁੱਖ ਨੇ ਜਾਣ-ਪਛਾਣ ਪਾਈ ਹੈ ਜਿਸ ਨੂੰ ਗੁਰੂ ਆ ਕੇ ਮਿਲ ਪਿਆ ਹੈ।
41159	958	ਹਉ ਬਲਿਹਾਰੀ ਤਿਨ ਜਿ ਖਸਮੈ ਭਾਣਿਆ॥੪॥		Ho Balihaaree Thin J Khasamai Bhaaniaa ||4||	I am a sacrifice to those who are pleasing to their Lord and Master. ||4||	ਮੈਂ ਸਦਕੇ ਹਾਂ ਉਹਨਾਂ (ਸੁਭਾਗ) ਬੰਦਿਆਂ ਤੋਂ ਜੋ ਖਸਮ-ਪ੍ਰਭੂ ਨੂੰ ਚੰਗੇ ਲੱਗ ਗਏ ਹਨ ॥੪॥
41160	958	ਸਲੋਕ ਮਃ ੫॥		Salok Ma 5 ||	Shalok, Fifth Mehl:	
41161	958	ਹਰਿ ਇਕਸੈ ਨਾਲਿ ਮੈ ਦੋਸਤੀ ਹਰਿ ਇਕਸੈ ਨਾਲਿ ਮੈ ਰੰਗੁ॥		Har Eikasai Naal Mai Dhosathee Har Eikasai Naal Mai Rang ||	My friendship is with the One Lord alone; I am in love with the One Lord alone.	ਮੇਰੀ ਇਕ ਪ੍ਰਭੂ ਨਾਲ ਹੀ ਮਿਤ੍ਰਤਾ ਹੈ, ਸਿਰਫ਼ ਪ੍ਰਭੂ ਨਾਲ ਹੀ ਮੇਰਾ ਪਿਆਰ ਹੈ।

41162	958	ਹਰਿ ਇਕੋ ਮੇਰਾ ਸਜਣੋ ਹਰਿ ਇਕਸੈ ਨਾਲਿ ਮੈ ਸੰਗੁ॥		Har Eiko Maeraa Sajano Har Eikasai Naal Mai Sang ||	The Lord is my only friend; my companionship is with the One Lord alone.	ਕੇਵਲ ਪ੍ਰਭੂ ਹੀ ਮੇਰਾ ਸੱਚਾ ਮਿਤ੍ਰ ਹੈ ਇਕ ਪ੍ਰਭੂ ਨਾਲ ਹੀ ਮੇਰਾ ਸੱਚਾ ਸਾਥ ਹੈ,
41163	958	ਹਰਿ ਇਕਸੈ ਨਾਲਿ ਮੈ ਗੋਸਟੇ ਮੁਹੁ ਮੈਲਾ ਕਰੈ ਨ ਭੰਗੁ॥		Har Eikasai Naal Mai Gosattae Muhu Mailaa Karai N Bhang ||	My conversation is with the One Lord alone; He never frowns, or turns His face away.	ਤੇ ਕੇਵਲ ਪ੍ਰਭੂ ਨਾਲ ਹੀ ਮੇਰਾ ਮੇਲ-ਜੋਲ ਹੈ, (ਕਿਉਂਕਿ) ਉਹ ਪ੍ਰਭੂ ਕਦੇ ਮੂੰਹ ਮੋਟਾ ਨਹੀਂ ਕਰਦਾ, ਕਦੇ ਮੱਥੇ ਵੱਟ ਨਹੀਂ ਪਾਂਦਾ।
41164	958	ਜਾਣੈ ਬਿਰਥਾ ਜੀਅ ਕੀ ਕਦੇ ਨ ਮੋੜੈ ਰੰਗੁ॥		Jaanai Birathhaa Jeea Kee Kadhae N Morrai Rang ||	He alone knows the state of my soul; He never ignores my love.	ਮੇਰੇ ਦਿਲ ਦੀ ਵੇਦਨ ਜਾਣਦਾ ਹੈ, ਉਹ ਕਦੇ ਮੇਰੇ ਪਿਆਰ ਨੂੰ ਧੱਕਾ ਨਹੀਂ ਲਾਂਦਾ।
41165	958	ਹਰਿ ਇਕੋ ਮੇਰਾ ਮਸਲਤੀ ਭੰਨਣ ਘੜਨ ਸਮਰਥੁ॥		Har Eiko Maeraa Masalathee Bhannan Gharran Samarathh ||	He is my only counselor, all-powerful to destroy and create.	(ਸਭ ਜੀਵਾਂ ਨੂੰ) ਪੈਦਾ ਕਰਨ ਤੇ ਮਾਰਨ ਦੀ ਤਾਕਤ ਰੱਖਣ ਵਾਲਾ ਇਕ ਪਰਮਾਤਮਾ ਹੀ ਮੇਰਾ ਸਲਾਹਕਾਰ ਹੈ।
41166	958	ਹਰਿ ਇਕੋ ਮੇਰਾ ਦਾਤਾਰੁ ਹੈ ਸਿਰਿ ਦਾਤਿਆ ਜਗ ਹਥੁ॥		Har Eiko Maeraa Dhaathaar Hai Sir Dhaathiaa Jag Hathh ||	The Lord is my only Giver. He places His hand upon the heads of the generous in the world.	ਜਗਤ ਦੇ ਸਭ ਦਾਨੀਆਂ ਦੇ ਸਿਰ ਉਤੇ ਜਿਸ ਪ੍ਰਭੂ ਦਾ ਹੱਥ ਹੈ ਕੇਵਲ ਉਹੀ ਮੈਨੂੰ ਦਾਤਾਂ ਦੇਣ ਵਾਲਾ ਹੈ।

41167	958	ਹਰਿ ਇਕਸੈ ਦੀ ਮੈ ਟੇਕ ਹੈ ਜੋ ਸਿਰਿ ਸਭਨਾ ਸਮਰਥੁ॥	ਸਮਰੱਥੁ	Har Eikasai Dhee Mai Ttaek Hai Jo Sir Sabhanaa Samarathh ||	I take the Support of the One Lord alone; He is all-powerful, over the heads of all.	ਜੋ ਪਰਮਾਤਮਾ ਸਭ ਜੀਵਾਂ ਦੇ ਸਿਰ ਉਤੇ ਬਲੀ ਹੈ ਮੈਨੂੰ ਕੇਵਲ ਉਸੇ ਦਾ ਹੀ ਆਸਰਾ ਹੈ।
41168	958	ਸਤਿਗੁਰਿ ਸੰਤੁ ਮਿਲਾਇਆ ਮਸਤਕਿ ਧਰਿ ਕੈ ਹਥੁ॥		Sathigur Santh Milaaeiaa Masathak Dhhar Kai Hathh ||	The Saint, the True Guru, has united me with the Lord. He placed His hand on my forehead.	ਉਹ ਸ਼ਾਂਤੀ ਦਾ ਸੋਮਾ ਪਰਮਾਤਮਾ ਸਤਿਗੁਰੂ ਨੇ ਮੇਰੇ ਮੱਥੇ ਉੱਤੇ ਹੱਥ ਰੱਖ ਕੇ ਮੈਨੂੰ ਮਿਲਾਇਆ ਹੈ।
41169	959	ਵਡਾ ਸਾਹਿਬੁ ਗੁਰੂ ਮਿਲਾਇਆ ਜਿਨਿ ਤਾਰਿਆ ਸਗਲ ਜਗਤੁ॥	ਜੱਗਤੁ	Vaddaa Saahib Guroo Milaaeiaa Jin Thaariaa Sagal Jagath ||	The Guru led me to meet the greatest Lord and Master; He saved the whole world.	ਉਹ ਵੱਡਾ ਮਾਲਕ ਜਿਸ ਨੇ ਸਾਰਾ ਸੰਸਾਰ ਤਾਰਿਆ ਹੈ (ਭਾਵ, ਜੋ ਸਾਰੇ ਸੰਸਾਰ ਨੂੰ ਤਾਰਨ ਦੇ ਸਮਰੱਥ ਹੈ) ਮੈਨੂੰ ਗੁਰੂ ਨੇ ਮਿਲਾਇਆ ਹੈ।
41170	959	ਮਨ ਕੀਆ ਇਛਾ ਪੂਰੀਆ ਪਾਇਆ ਧੁਰਿ ਸੰਜੋਗ॥		Man Keeaa Eishhaa Pooreeaa Paaeiaa Dhhur Sanjog ||	The desires of the mind are fulfilled; I have attained my pre-destined Union with God.	ਜਿਸ ਨੂੰ ਧੁਰੋਂ ਇਹ ਢੋ ਢੁਕਦਾ ਹੈ ਉਸ ਦੇ ਮਨ ਦੀਆਂ ਸਭ ਕਾਮਨਾਂ ਪੂਰੀਆਂ ਹੋ ਜਾਂਦੀਆਂ ਹਨ (ਭਾਵ, ਉਹ ਵਾਸਨਾ-ਰਹਿਤ ਹੋ ਜਾਂਦਾ ਹੈ)
41171	959	ਨਾਨਕ ਪਾਇਆ ਸਚੁ ਨਾਮੁ ਸਦ ਹੀ ਭੋਗੇ ਭੋਗ॥੧॥		Naanak Paaeiaa Sach Naam Sadh Hee Bhogae Bhog ||1||	Nanak has obtained the True Name; He enjoys the enjoyments forever. ||1||	ਤੇ ਹੇ ਨਾਨਕ! ਉਸ ਨੂੰ ਪ੍ਰਭੂ ਦਾ ਸਦਾ-ਥਿਰ ਰਹਿਣ ਵਾਲਾ ਨਾਮ ਮਿਲਦਾ ਹੈ, ਉਹ ਸਦਾ ਹੀ ਆਨੰਦ ਮਾਣਦਾ ਹੈ (ਸਦਾ ਹੀ ਖਿੜਿਆ ਰਹਿੰਦਾ ਹੈ) ॥੧॥
41172	959	ਮਃ ੫॥		Ma 5 ||	Fifth Mehl:	

41173	959	ਮਨਮੁਖਾ ਕੇਰੀ ਦੋਸਤੀ ਮਾਇਆ ਕਾ ਸਨਬੰਧੁ॥		Manamukhaa Kaeree Dhosathee Maaeiaa Kaa Sanabandhh ||	Friendship with the self-willed manmukhs is an alliance with Maya.	ਮਨ ਦੇ ਮੁਰੀਦ ਬੰਦਿਆਂ ਨਾਲ ਮਿਤ੍ਰਤਾ ਨਿਰੀ ਮਾਇਆ ਦੀ ਖ਼ਾਤਰ ਹੀ ਗਾਂਢਾ-ਤੋਪਾ ਹੁੰਦਾ ਹੈ।
41174	959	ਵੇਖਦਿਆ ਹੀ ਭਜਿ ਜਾਨਿ ਕਦੇ ਨ ਪਾਇਨਿ ਬੰਧੁ॥	ਭੱਜਿ	Vaekhadhiaa Hee Bhaj Jaan Kadhae N Paaein Bandhh ||	As we watch, they run away; they never stand firm.	ਉਹ ਕਦੇ (ਮਿਤ੍ਰਤਾ ਦੀ) ਪੱਕੀ ਗੰਢ ਨਹੀਂ ਪਾਂਦੇ, ਛੇਤੀ ਹੀ ਸਾਥ ਛੱਡ ਜਾਂਦੇ ਹਨ।
41175	959	ਜਿਚਰੁ ਪੈਨਨਿ ਖਾਵਨ੍ਹੇ ਤਿਚਰੁ ਰਖਨਿ ਗੰਢੁ॥		Jichar Painan Khaavanhae Thichar Rakhan Gandt ||	As long as they get food and clothing, they stick around.	ਮਨਮੁਖਾਂ ਨੂੰ ਜਿਤਨਾ ਚਿਰ ਪਹਿਨਣ ਤੇ ਖਾਣ ਨੂੰ ਮਿਲਦਾ ਰਹੇ ਉਤਨਾ ਚਿਰ ਜੋੜ ਰੱਖਦੇ ਹਨ।
41176	959	ਜਿਤੁ ਦਿਨਿ ਕਿਛੁ ਨ ਹੋਵਈ ਤਿਤੁ ਦਿਨਿ ਬੋਲਨਿ ਗੰਧੁ॥		Jith Dhin Kishh N Hovee Thith Dhin Bolan Gandhh ||	But on that day when they receive nothing, then they start to curse.	ਜਿਸ ਦਿਨ ਉਹਨਾਂ ਦੇ ਖਾਣ-ਹੰਢਾਣ ਦੀ ਕੋਈ ਗੱਲ ਪੁੱਜ ਨ ਆਵੇ, ਉਸ ਦਿਨ ਉਹ ਫਿੱਕਾ ਬੋਲ ਬੋਲਣ ਲੱਗ ਪੈਂਦੇ ਹਨ।
41177	959	ਜੀਅ ਕੀ ਸਾਰ ਨ ਜਾਣਨੀ ਮਨਮੁਖ ਅਗਿਆਨੀ ਅੰਧੁ॥		Jeea Kee Saar N Jaananee Manamukh Agiaanee Andhh ||	The self-willed manmukhs are ignorant and blind; they do not know the secrets of the soul.	ਅੰਨ੍ਹੇ ਗਿਆਨ-ਹੀਣ ਮਨਮੁਖਾਂ ਨੂੰ (ਨਿਰਾ ਸਰੀਰ ਦਾ ਹੀ ਝੁਲਕਾ ਰਹਿੰਦਾ ਹੈ) ਆਤਮਾ ਦੀ ਕੋਈ ਸੂਝ ਨਹੀਂ ਹੁੰਦੀ।

41178	959	ਕੂੜਾ ਗੰਢੁ ਨ ਚਲਈ ਚਿਕੜਿ ਪਥਰ ਬੰਧੁ॥		Koorraa Gandt N Chalee Chikarr Pathhar Bandhh ||	The false bond does not last; it is like stones joined with mud.	ਮਨਮੁਖਾਂ ਦਾ ਕੱਚਾ ਗਾਂਢਾ-ਤੋਪਾ (ਬਹੁਤ ਚਿਰ) ਨਹੀਂ ਤੱਗਦਾ ਜਿਵੇਂ ਚਿੱਕੜ ਨਾਲ ਬੱਝਾ ਹੋਇਆ ਪੱਥਰਾਂ ਦਾ ਬੰਨ੍ਹ (ਛੇਤੀ ਢਹਿ ਪੈਂਦਾ ਹੈ)।
41179	959	ਅੰਧੇ ਆਪੁ ਨ ਜਾਣਨੀ ਫਕੜੁ ਪਿਟਨਿ ਧੰਧੁ॥		Andhhae Aap N Jaananee Fakarr Pittan Dhhandhh ||	The blind do not understand themselves; they are engrossed in false worldly entanglements.	ਅੰਨ੍ਹੇ ਮਨਮੁਖ ਆਪਣੇ ਅਸਲੇ ਨੂੰ ਨਹੀਂ ਸਮਝਦੇ (ਨਿਰਾ ਬਾਹਰਲਾ) ਵਿਅਰਥ ਪਿੱਟਣਾ ਪਿੱਟਦੇ ਰਹਿੰਦੇ ਹਨ।
41180	959	ਝੂਠੈ ਮੋਹਿ ਲਪਟਾਇਆ ਹਉ ਹਉ ਕਰਤ ਬਿਹੰਧੁ॥		Jhoothai Mohi Lapattaaeiaa Ho Ho Karath Bihandhh ||	Entangled in false attachments, they pass their lives in egotism and self-conceit.	ਨਿਕੰਮੇ ਮੋਹ ਵਿਚ ਫਸੇ ਹੋਏ ਮਨਮੁਖਾਂ ਦੀ ਉਮਰ 'ਮੈਂ, ਮੈਂ' ਕਰਦਿਆਂ ਹੀ ਗੁਜ਼ਰ ਜਾਂਦੀ ਹੈ।
41181	959	ਕ੍ਰਿਪਾ ਕਰੇ ਜਿਸੁ ਆਪਣੀ ਧੁਰਿ ਪੂਰਾ ਕਰਮੁ ਕਰੇਇ॥		Kirapaa Karae Jis Aapanee Dhhur Pooraa Karam Karaee ||	But that being, whom the Lord has blessed with His Mercy from the very beginning, does perfect deeds, and accumulates good karma.	ਜਿਸ ਜਿਸ ਮਨੁੱਖ ਉਤੇ ਪ੍ਰਭੂ ਆਪਣੀ ਕਿਰਪਾ ਕਰਦਾ ਹੈ, ਧੁਰੋਂ ਹੀ ਪੂਰੀ ਬਖ਼ਸ਼ਸ਼ ਕਰਦਾ ਹੈ,

41182	959	ਜਨ ਨਾਨਕ ਸੇ ਜਨ ਉਬਰੇ ਜੋ ਸਤਿਗੁਰ ਸਰਣਿ ਪਰੇ॥੨॥		Jan Naanak Sae Jan Oubarae Jo Sathigur Saran Parae ||2||	O servant Nanak, those humble beings alone are saved, who enter the Sanctuary of the True Guru. ||2||	ਹੇ ਨਾਨਕ! ਜੋ ਸਤਿਗੁਰੂ ਦੀ ਸਰਨ ਪੈਂਦੇ ਹਨ, ਉਹ ਬੰਦੇ (ਇਸ ਕੂੜੇ ਮੋਹ ਵਿਚੋਂ) ਬਚ ਜਾਂਦੇ ਹਨ ॥੨॥
41183	959	ਪਉੜੀ॥		Pourree ||	Pauree:	
41184	959	ਜੋ ਰਤੇ ਦੀਦਾਰ ਸੇਈ ਸਚੁ ਹਾਕੁ॥		Jo Rathae Dheedhaar Saeee Sach Haak ||	Those who are imbued with the Lord's Vision, speak the Truth.	ਜਿਨ੍ਹਾਂ ਬੰਦਿਆਂ ਨੂੰ ਪ੍ਰਭੂ ਦੇ ਦਰਸ਼ਨ ਦਾ ਰੰਗ ਚੜ੍ਹ ਗਿਆ ਹੈ, ਉਹਨਾਂ ਨੂੰ ਹੀ ਸੱਚੇ ਪ੍ਰਭੂ ਦਾ ਰੂਪ ਸਮਝੋ।
41185	959	ਜਿਨੀ ਜਾਤਾ ਖਸਮੁ ਕਿਉ ਲਭੈ ਤਿਨਾ ਖਾਕੁ॥	ਲੱਭੈ	Jinee Jaathaa Khasam Kio Labhai Thinaa Khaak ||	How can I obtain the dust of those who realize their Lord and Master?	ਜਿਨ੍ਹਾਂ ਨੇ ਖਸਮ-ਪ੍ਰਭੂ ਨਾਲ ਸਾਂਝ ਪਾ ਲਈ ਹੈ, ਜਤਨ ਕਰੋ ਕਿ ਕਿਸੇ ਨ ਕਿਸੇ ਤਰ੍ਹਾਂ ਉਹਨਾਂ ਦੀ ਚਰਨ-ਧੂੜ ਮਿਲ ਜਾਏ,
41186	959	ਮਨੁ ਮੈਲਾ ਵੇਕਾਰੁ ਹੋਵੈ ਸੰਗਿ ਪਾਕੁ॥		Man Mailaa Vaekaar Hovai Sang Paak ||	The mind, stained by corruption, becomes pure by associating with them.	ਕਿਉਂਕਿ ਜੇਹੜਾ ਮਨ (ਵਿਕਾਰਾਂ ਨਾਲ) ਮੈਲਾ ਹੋ ਕੇ ਵਿਕਾਰ-ਰੂਪ ਹੀ ਬਣ ਚੁਕਾ ਹੈ ਉਹ ਉਹਨਾਂ ਦੀ ਸੰਗਤ ਵਿਚ ਪਵਿਤ੍ਰ ਹੋ ਜਾਂਦਾ ਹੈ।
41187	959	ਦਿਸੈ ਸਚਾ ਮਹਲੁ ਖੁਲੈ ਭਰਮ ਤਾਕੁ॥		Dhisai Sachaa Mehal Khulai Bharam Thaak ||	One sees the Mansion of the Lord's Presence, when the door of doubt is opened.	(ਉਨ੍ਹਾਂ ਦੀ ਸੰਗਤ ਦੀ ਬਰਕਤ ਨਾਲ) ਪ੍ਰਭੂ ਦਾ ਦਰ ਦਿੱਸ ਪੈਂਦਾ ਹੈ, ਤੇ ਭਰਮ-ਭੁਲੇਖਿਆਂ ਦੇ ਕਾਰਨ (ਬੰਦ ਹੋਇਆ ਹੋਇਆ ਆਤਮਕ) ਦਰਵਾਜ਼ਾ ਖੁਲ੍ਹ ਜਾਂਦਾ ਹੈ।

41188	959	ਜਿਸਹਿ ਦਿਖਾਲੇ ਮਹਲੁ ਤਿਸੁ ਨ ਮਿਲੈ ਧਾਕੁ॥		Jisehi Dhikhaalae Mehal This N Milai Dhhaak ||	That one, unto whom the Mansion of the Lord's Presence is revealed, is never pushed or shoved.	(ਪਰ ਇਹ ਪ੍ਰਭੂ ਦੀ ਆਪਣੀ ਮੇਹਰ ਹੀ ਹੈ) ਜਿਸ ਨੂੰ ਆਪਣਾ ਟਿਕਾਣਾ ਵਿਖਾਲ ਦੇਂਦਾ ਹੈ, ਉਸ ਨੂੰ (ਉਸ ਦੇ ਉਸ ਟਿਕਾਣੇ ਤੋਂ ਫਿਰ) ਧੱਕਾ ਨਹੀਂ ਮਿਲਦਾ।
41189	959	ਮਨੁ ਤਨੁ ਹੋਇ ਨਿਹਾਲੁ ਬਿੰਦਕ ਨਦਰਿ ਝਾਕੁ॥		Man Than Hoe Nihaal Bindhak Nadhar Jhaak ||	My mind and body are enraptured, when the Lord blesses me, even for an instant, with His Glance of Grace.	ਉਸ ਪ੍ਰਭੂ ਦੀ ਮੇਹਰ ਦੀ ਰਤਾ ਭਰ ਝਾਤੀ ਨਾਲ ਉਸ ਦਾ ਤਨ ਮਨ ਖਿੜ ਪੈਂਦਾ ਹੈ।
41190	959	ਨਉ ਨਿਧਿ ਨਾਮੁ ਨਿਧਾਨੁ ਗੁਰ ਕੈ ਸਬਦਿ ਲਾਗੁ॥		No Nidhh Naam Nidhhaan Gur Kai Sabadh Laag ||	The nine treasures, and the treasure of the Naam are obtained by commitment to the Word of the Guru's Shabad.	ਗੁਰੂ ਦੇ ਸ਼ਬਦ ਵਿਚ ਜੁੜ, ਪਰਮਾਤਮਾ ਦਾ ਨਾਮ-ਰੂਪ ਨੌ ਖ਼ਜ਼ਾਨੇ (ਮਿਲ ਜਾਣਗੇ)।
41191	959	ਤਿਸੈ ਮਿਲੈ ਸੰਤ ਖਾਕੁ ਮਸਤਕਿ ਜਿਸੈ ਭਾਗੁ॥੫॥		Thisai Milai Santh Khaak Masathak Jisai Bhaag ||5||	He alone is blessed with the dust of the feet of the Saints, upon whose forehead such pre-ordained desiny is inscribed. ||5||	ਜਿਸ ਦੇ ਮੱਥੇ ਉਤੇ ਭਾਗ ਜਾਗ ਪਏ, ਉਸੇ ਨੂੰ ਗੁਰੂ ਦੇ ਚਰਨਾਂ ਦੀ ਧੂੜ ਮਿਲਦੀ ਹੈ ॥੫॥
41192	959	ਸਲੋਕ ਮਃ ੫॥		Salok Ma 5 ||	Shalok, Fifth Mehl:	

41193	959	ਹਰਣਾਖੀ ਕੂ ਸਚੁ ਵੈਣੁ ਸੁਣਾਈ ਜੋ ਤਉ ਕਰੇ ਉਧਾਰਣੁ॥	ਪਰਾਏ ਮਰਦ ਵਿਕਾਰ ਦ੍ਰਿਸਟੀ ਨਾਲ, ਨ ਦੇਖਣ ਵਾਲੀਆਂ, ਹਰਨ ਜੈਸੀਆਂ ਸੁੰਦਰ ਅੱਖਾਂ ਵਾਲੀ ਹਰਣਾਖੀ ਗੁਰਸੇਵਕ ਸਖੀ	Haranaakhee Koo Sach Vain Sunaaee Jo Tho Karae Oudhhaaran ||	O deer-eyed bride, I speak the Truth, which shall save you.	ਹੇ ਸੁੰਦਰ ਜੀਵ-ਇਸਤ੍ਰੀ! ਮੈਂ ਤੈਨੂੰ ਇਕ ਸੱਚੀ ਗੱਲ ਸੁਣਾਉਂਦੀ ਹਾਂ ਜੋ ਤੇਰਾ ਉੱਧਾਰ ਕਰੇਗੀ।
41194	959	ਸੁੰਦਰ ਬਚਨ ਤੁਮ ਸੁਣਹੁ ਛਬੀਲੀ ਪਿਰੁ ਤੈਡਾ ਮਨ ਸਾਧਾਰਣੁ॥	(ਛਬੀਲੀ) ਸ਼ੋਭਾ ਵਾਲੀ। (ਸਾਧਾਰਣੁ) ਸਵਾਰਨ ਵਾਲੇ	Sundhar Bachan Thum Sunahu Shhabeelee Pir Thaiddaa Man Saadhhaaran ||	Listen to these beautiful words, O beauteous bride; your Beloved Lord is your mind's only support.	ਹੇ ਸੁੰਦਰੀ! ਤੂੰ ਉਹ ਸੋਹਣੇ ਬਚਨ ਸੁਣ-ਤੇਰਾ ਪਤੀ-ਪ੍ਰਭੂ ਮਨ ਨੂੰ ਆਸਰਾ ਦੇਣ ਵਾਲਾ ਹੈ।
41195	959	ਦੁਰਜਨ ਸੇਤੀ ਨੇਹੁ ਰਚਾਇਓ ਦਸਿ ਵਿਖਾ ਮੈ ਕਾਰਣੁ॥	ਦੱਸਿ	Dhurajan Saethee Naehu Rachaaeiou Dhas Vikhaa Mai Kaaran ||	You have fallen in love with an evil person; tell me - show me why!	(ਉਸ ਨੂੰ ਵਿਸਾਰ ਕੇ) ਤੂੰ ਦੁਰਜਨ ਨਾਲ ਪਿਆਰ ਪਾ ਲਿਆ ਹੈ, ਮੈਨੂੰ ਦੱਸ, ਮੈਂ ਵੇਖਾਂ ਇਸ ਦਾ ਕੀਹ ਕਾਰਨ ਹੈ।
41196	959	ਊਣੀ ਨਾਹੀ ਝੂਣੀ ਨਾਹੀ ਨਾਹੀ ਕਿਸੈ ਵਿਹੂਣੀ॥		Oonee Naahee Jhoonee Naahee Naahee Kisai Vihoonee ||	I lack nothing, and I am not sad or depressed; I have no deficiency at all.	ਤੂੰ ਕਿਸੇ ਗੱਲੇ ਘੱਟ ਨਹੀ ਹੈਂ, ਕਿਸੇ ਗੁਣੋਂ ਸੱਖਣੀ ਨਹੀਂ ਹੈਂ,
41197	959	ਪਿਰੁ ਛੈਲੁ ਛਬੀਲਾ ਛਡਿ ਗਵਾਇਓ ਦੁਰਮਤਿ ਕਰਮਿ ਵਿਹੂਣੀ॥		Pir Shhail Shhabeelaa Shhadd Gavaaeiou Dhuramath Karam Vihoonee ||	I abandoned and lost my fascinating and beautiful Husband Lord; in this evil-mindedness, I have lost my good fortune.	ਪਰ ਤੂੰ ਕਰਮਾਂ ਦੀ ਮਾਰੀ ਨੇ ਭੈੜੀ ਮੱਤੇ ਲੱਗ ਕੇ ਸੋਹਣਾ ਬਾਂਕਾ ਪਤੀ-ਪ੍ਰਭੂ ਭੁਲਾ ਦਿੱਤਾ ਹੈ।

41198	959	ਨਾ ਹਉ ਭੁਲੀ ਨਾ ਹਉ ਚੁਕੀ ਨਾ ਮੈ ਨਾਹੀ ਦੋਸਾ॥	ਭੁੱਲੀ ਚੁੱਕੀ	Naa Ho Bhulee Naa Ho Chukee Naa Mai Naahee Dhosaa ||	I am not mistaken, and I am not confused; I have no egotism, and commit no offense.	(ਹੇ ਸਖੀ!) ਤੂੰ ਸੱਚਾ ਉੱਤਰ ਸੁਣ ਲੈ-ਮੈਂ ਭੁੱਲ ਨਹੀਂ ਕੀਤੀ, ਮੈਂ ਉਕਾਈ ਨਹੀਂ ਖਾਧੀ, ਮੇਰੇ ਵਿਚ ਦੋਸ ਨਹੀਂ।
41199	959	ਜਿਤੁ ਹਉ ਲਾਈ ਤਿਤੁ ਹਉ ਲਗੀ ਤੂ ਸੁਣਿ ਸਚੁ ਸੰਦੇਸਾ॥		Jith Ho Laaee Thith Ho Lagee Thoo Sun Sach Sandhaesaa ||	As You have linked me, so I am linked; listen to my true message.	ਮੈਨੂੰ ਜਿਸ ਪਾਸੇ ਉਸ ਨੇ ਲਾਇਆ ਹੈ, ਮੈਂ ਓਧਰ ਲੱਗੀ ਹੋਈ ਹਾਂ।
41200	959	ਸਾਈ ਸੋਹਾਗਣਿ ਸਾਈ ਭਾਗਣਿ ਜੈ ਪਿਰਿ ਕਿਰਪਾ ਧਾਰੀ॥	ਸਾਂਈਂ ਸਾਂਈਂ	Saaee Suohaagan Saaee Bhaagan Jai Pir Kirapaa Dhhaaree ||	She alone is the blessed soul-bride, and she alone is fortunate, upon whom the Husband Lord has showered His Mercy.	ਉਹੀ ਜੀਵ-ਇਸਤ੍ਰੀ ਸੋਹਾਗ-ਭਾਗ ਵਾਲੀ ਹੋ ਸਕਦੀ ਹੈ ਜਿਸ ਉਤੇ ਪਤੀ ਨੇ ਆਪ ਮੇਹਰ ਕੀਤੀ ਹੈ।
41201	959	ਪਿਰਿ ਅਉਗਣ ਤਿਸ ਕੇ ਸਭਿ ਗਵਾਏ ਗਲ ਸੇਤੀ ਲਾਇ ਸਵਾਰੀ॥		Pir Aougan This Kae Sabh Gavaaeae Gal Saethee Laae Savaaree ||	Her Husband Lord takes away all her faults and mistakes; hugging her close in His embrace, He embellishes her.	ਪਤੀ-ਪ੍ਰਭੂ ਨੇ ਉਸ ਇਸਤ੍ਰੀ ਦੇ ਸਾਰੇ ਹੀ ਔਗੁਣ ਦੂਰ ਕਰ ਦਿੱਤੇ ਹਨ ਤੇ ਉਸ ਨੂੰ ਗਲ ਨਾਲ ਲਾ ਕੇ ਸੰਵਾਰ ਦਿੱਤਾ ਹੈ।

41202	959	ਕਰਮਹੀਣ ਧਨ ਕਰੈ ਬਿਨੰਤੀ ਕਦਿ ਨਾਨਕ ਆਵੈ ਵਾਰੀ॥		Karameheen Dhhan Karai Binanthee Kadh Naanak Aavai Vaaree ||	The unfortunate soul-bride makes this prayer: O Nanak, when will my turn come?	ਮੈਂ ਭਾਗ-ਹੀਣ ਜੀਵ-ਇਸਤ੍ਰੀ ਅਰਜ਼ੋਈ ਕਰਦੀ ਹਾਂ, ਮੈਂ ਨਾਨਕ ਦੀ ਕਦੋਂ ਵਾਰੀ ਆਵੇਗੀ?
41203	959	ਸਭਿ ਸੁਹਾਗਣਿ ਮਾਣਹਿ ਰਲੀਆ ਇਕ ਦੇਵਹੁ ਰਾਤਿ ਮੁਰਾਰੀ॥੧॥		Sabh Suhaagan Maanehi Raleeaa Eik Dhaevahu Raath Muraaree ||1||	All the blessed soul-brides celebrate and make merry; bless me as well with a night of bliss, O Lord. ||1||	ਹੇ ਪ੍ਰਭੂ! ਸਾਰੀਆਂ ਸੁਹਾਗਣਾਂ ਮੌਜਾਂ ਮਾਣ ਰਹੀਆਂ ਹਨ, ਮੈਨੂੰ ਭੀ (ਮਿਲਣ ਲਈ) ਇਕ ਰਾਤ ਦੇਹ ॥੧॥
41204	959	ਮਃ ੫॥		Ma 5 ||	Fifth Mehl:	
41205	959	ਕਾਹੇ ਮਨ ਤੂ ਡੋਲਤਾ ਹਰਿ ਮਨਸਾ ਪੂਰਣਹਾਰੁ॥		Kaahae Man Thoo Ddolathaa Har Manasaa Pooranehaar ||	Why do you waver, O my mind? The Lord is the Fulfiller of hopes and desires.	ਹੇ ਮਨ! ਤੂੰ ਕਿਉਂ ਡੋਲਦਾ ਹੈਂ? ਪਰਮਾਤਮਾ ਤੇਰੀ ਕਾਮਨਾ ਪੂਰੀ ਕਰਨ ਵਾਲਾ ਹੈ।
41206	959	ਸਤਿਗੁਰੁ ਪੁਰਖੁ ਧਿਆਇ ਤੂ ਸਭਿ ਦੁਖ ਵਿਸਾਰਣਹਾਰੁ॥		Sathigur Purakh Dhhiaae Thoo Sabh Dhukh Visaaranehaar ||	Meditate on the True Guru, the Primal Being; He is the Destroyer of all pains.	ਗੁਰੂ ਨੂੰ ਅਕਾਲ ਪੁਰਖ ਨੂੰ ਸਿਮਰ, ਉਹ ਸਾਰੇ ਦੁੱਖ ਨਾਸ ਕਰਨ ਵਾਲਾ ਹੈ।

41207	959	ਹਰਿ ਨਾਮਾ ਆਰਾਧਿ ਮਨ ਸਭਿ ਕਿਲਵਿਖ ਜਾਹਿ ਵਿਕਾਰ॥		Har Naamaa Aaraadhh Man Sabh Kilavikh Jaahi Vikaar ||	Worship and adore the Lord's Name, O my mind; all sins and corruption shall be washed away.	ਹੇ ਮਨ! ਪ੍ਰਭੂ ਦਾ ਨਾਮ ਜਪ, ਤੇਰੇ ਸਾਰੇ ਪਾਪ ਤੇ ਵਿਕਾਰ ਦੂਰ ਹੋ ਜਾਣਗੇ।
41208	959	ਜਿਨ ਕਉ ਪੂਰਬਿ ਲਿਖਿਆ ਤਿਨ ਰੰਗੁ ਲਗਾ ਨਿਰੰਕਾਰ॥		Jin Ko Poorab Likhiaa Thin Rang Lagaa Nirankaar ||	Those who are blessed with such pre-ordained destiny, are in love with the Formless Lord.	ਜਿਨ੍ਹਾਂ ਦੇ ਮੱਥੇ ਉਤੇ ਧੁਰੋਂ ਲੇਖ ਲਿਖਿਆ ਹੋਵੇ, ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਪਿਆਰ ਪੈਦਾ ਹੁੰਦਾ ਹੈ।
41209	959	ਓਨੀ ਛਡਿਆ ਮਾਇਆ ਸੁਆਵੜਾ ਧਨੁ ਸੰਚਿਆ ਨਾਮੁ ਅਪਾਰੁ॥		Ounee Shhaddiaa Maaeiaa Suaavarraa Dhhan Sanchiaa Naam Apaar ||	They abandon the tastes of Maya, and gather in the infinite wealth of the Naam.	ਉਹ ਮਾਇਆ ਦਾ ਭੈੜਾ ਚਸਕਾ ਛੱਡ ਦੇਂਦੇ ਹਨ, ਤੇ ਬੇਅੰਤ ਪ੍ਰਭੂ ਦਾ ਨਾਮ-ਧਨ ਇਕੱਠਾ ਕਰਦੇ ਹਨ।
41210	959	ਅਠੇ ਪਹਰ ਇਕਤੈ ਲਿਵੈ ਮੰਨੇਨਿ ਹੁਕਮੁ ਅਪਾਰੁ॥		Athae Pehar Eikathai Livai Mannaen Hukam Apaar ||	Twenty-four hours a day, they are lovingly absorbed in the One Lord; they surrender and accept the Will of the Infinite Lord.	ਉਹ ਅੱਠੇ ਪਹਰ ਇਕ ਪ੍ਰਭੂ ਦੀ ਹੀ ਯਾਦ ਵਿਚ ਜੁੜੇ ਰਹਿੰਦੇ ਹਨ, ਪ੍ਰਭੂ ਦਾ ਹੀ ਹੁਕਮ ਮੰਨਦੇ ਹਨ।

41211	960	ਜਨੁ ਨਾਨਕੁ ਮੰਗੈ ਦਾਨੁ ਇਕੁ ਦੇਹੁ ਦਰਸੁ ਮਨਿ ਪਿਆਰੁ॥੨॥		Jan Naanak Mangai Dhaan Eik Dhaehu Dharas Man Piaar ||2||	Servant Nanak begs for this one gift: please bless me, Lord, with the Blessed Vision of Your Darshan; my mind is in love with You. ||2||	(ਹੇ ਪ੍ਰਭੂ!) ਦਾਸ ਨਾਨਕ ਭੀ (ਤੇਰੇ ਦਰ ਤੋਂ) ਇਕ ਖੈਰ ਮੰਗਦਾ ਹੈ-ਮੈਨੂੰ ਦੀਦਾਰ ਦੇਹ ਤੇ ਮੈਨੂੰ ਮਨ ਵਿਚ ਆਪਣਾ ਪਿਆਰ ਬਖ਼ਸ਼ ॥੨॥
41212	960	ਪਉੜੀ॥		Pourree ||	Pauree:	
41213	960	ਜਿਸੁ ਤੂ ਆਵਹਿ ਚਿਤਿ ਤਿਸ ਨੋ ਸਦਾ ਸੁਖ॥		Jis Thoo Aavehi Chith This No Sadhaa Sukh ||	One who is conscious of You finds everlasting peace.	ਹੇ ਪ੍ਰਭੂ! ਤੂੰ ਜਿਸ ਮਨੁੱਖ ਦੇ ਹਿਰਦੇ ਵਿਚ ਵੱਸ ਪਏਂ, ਉਸ ਨੂੰ ਸਦਾ ਦੇ ਸੁਖ ਮਿਲ ਜਾਂਦੇ ਹਨ।
41214	960	ਜਿਸੁ ਤੂ ਆਵਹਿ ਚਿਤਿ ਤਿਸੁ ਜਮ ਨਾਹਿ ਦੁਖ॥		Jis Thoo Aavehi Chith This Jam Naahi Dhukh ||	One who is conscious of You does not suffer at the hands of the Messenger of Death.	ਤੂੰ ਜਿਸ ਮਨੁੱਖ ਦੇ ਹਿਰਦੇ ਵਿਚ ਵੱਸ ਪਏਂ ਉਸ ਨੂੰ ਮੌਤ ਦੇ ਡਰ-ਸਹਿਮ ਨਹੀਂ ਰਹਿ ਜਾਂਦੇ।
41215	960	ਜਿਸੁ ਤੂ ਆਵਹਿ ਚਿਤਿ ਤਿਸੁ ਕਿ ਕਾੜਿਆ॥	(ਕਾੜਿਆ) ਝੋਰਾ। ਕਾੜਿਆ: ਝਾੜੇ ਪੈਰ ਹਲੰਤ ਨ ਲਾਉ	Jis Thoo Aavehi Chith This K Kaarriaa ||	One who is conscious of You is not anxious.	ਤੂੰ ਜਿਸ ਮਨੁੱਖ ਦੇ ਹਿਰਦੇ ਵਿਚ ਵੱਸ ਪਏਂ ਉਸ ਨੂੰ ਕੋਈ ਚਿੰਤਾ ਪੋਹ ਨਹੀਂ ਸਕਦੀ।
41216	960	ਜਿਸ ਦਾ ਕਰਤਾ ਮਿਤ੍ਰੁ ਸਭਿ ਕਾਜ ਸਵਾਰਿਆ॥		Jis Dhaa Karathaa Mithra Sabh Kaaj Savaariaa ||	One who has the Creator as his Friend - all his affairs are resolved.	ਕਿਉਂਕਿ ਕਰਤਾਰ ਆਪ ਜਿਸ ਦਾ ਮਿੱਤਰ ਬਣ ਜਾਏ, ਉਸ ਦੇ ਸਾਰੇ ਕਾਰਜ ਸੰਵਰ ਜਾਂਦੇ ਹਨ।

41217	960	ਜਿਸੁ ਤੂ ਆਵਹਿ ਚਿਤਿ ਸੋ ਪਰਵਾਣੁ ਜਨੁ॥		Jis Thoo Aavehi Chith So Paravaan Jan ||	One who is conscious of You is renowned and respected.	ਹੇ ਪ੍ਰਭੂ! ਜਿਸ ਮਨੁੱਖ ਦੇ ਅੰਦਰ ਤੇਰੀ ਯਾਦ ਟਿਕ ਜਾਏ, ਉਹ ਮਨੁੱਖ (ਤੇਰੀਆਂ ਨਜ਼ਰਾਂ ਵਿਚ) ਕਬੂਲ ਹੋ ਗਿਆ।
41218	960	ਜਿਸੁ ਤੂ ਆਵਹਿ ਚਿਤਿ ਬਹੁਤਾ ਤਿਸੁ ਧਨੁ॥		Jis Thoo Aavehi Chith Bahuthaa This Dhhan ||	One who is conscious of You becomes very wealthy.	ਹੇ ਪ੍ਰਭੂ! ਤੂੰ ਜਿਸ ਮਨੁੱਖ ਦੇ ਹਿਰਦੇ ਵਿਚ ਵੱਸ ਪਏਂ, ਉਸ ਦੇ ਕੋਲ ਤੇਰਾ ਨਾਮ-ਧਨ ਬੇਅੰਤ ਇਕੱਠਾ ਹੋ ਜਾਂਦਾ ਹੈ।
41219	960	ਜਿਸੁ ਤੂ ਆਵਹਿ ਚਿਤਿ ਸੋ ਵਡ ਪਰਵਾਰਿਆ॥		Jis Thoo Aavehi Chith So Vadd Paravaariaa ||	One who is conscious of You has a great family.	ਤੂੰ ਜਿਸ ਮਨੁੱਖ ਦੇ ਹਿਰਦੇ ਵਿਚ ਵੱਸ ਪਏਂ (ਤੇਰੀ ਯਾਦ ਦੀ ਬਰਕਤਿ ਨਾਲ) ਸਾਰਾ ਜਗਤ ਹੀ ਉਸ ਨੂੰ ਆਪਣਾ ਪਰਵਾਰ ਦਿੱਸਦਾ ਹੈ।
41220	960	ਜਿਸੁ ਤੂ ਆਵਹਿ ਚਿਤਿ ਤਿਨਿ ਕੁਲ ਉਧਾਰਿਆ॥੬॥		Jis Thoo Aavehi Chith Thin Kul Oudhhaariaa ||6||	One who is conscious of You saves his ancestors. ||6||	ਹੇ ਪ੍ਰਭੂ! ਤੂੰ ਜਿਸ ਮਨੁੱਖ ਦੇ ਹਿਰਦੇ ਵਿਚ ਵੱਸ ਪਏਂ, ਉਸ ਨੇ ਆਪਣੀਆਂ (ਭੀ) ਸਾਰੀਆਂ ਕੁਲਾਂ (ਦੇ ਜੀਵਾਂ) ਨੂੰ (ਸੰਸਾਰ-ਸਮੁੰਦਰ ਦੀਆਂ ਵਿਕਾਰ-ਲਹਿਰਾਂ ਤੋਂ) ਪਾਰ ਲੰਘਾ ਲਿਆ ਹੈ ॥੬॥
41221	960	ਸਲੋਕ ਮਃ ੫॥		Salok Ma 5 ||	Shalok, Fifth Mehl:	
41222	960	ਅੰਦਰਹੁ ਅੰਨਾ ਬਾਹਰਹੁ ਅੰਨਾ ਕੂੜੀ ਕੂੜੀ ਗਾਵੈ॥		Andharahu Annaa Baaharahu Annaa Koorree Koorree Gaavai ||	Blind inwardly, and blind outwardly, he sings falsely, falsely.	ਜੇ ਮਨੁੱਖ ਮਨੋਂ ਮਾਇਆ ਵਿਚ ਫਸਿਆ ਹੋਇਆ ਹੈ ਤੇ ਕਰਤੂਤਾਂ ਭੀ ਕਾਲੀਆਂ ਹਨ, ਪਰ ਝੂਠੀ ਮੂਠੀ (ਬਿਸ਼ਨ-ਪਦੇ) ਗਾਉਂਦਾ ਹੈ,

41223	960	ਦੇਹੀ ਧੋਵੈ ਚਕ੍ਰ ਬਣਾਏ ਮਾਇਆ ਨੋ ਬਹੁ ਧਾਵੈ॥		Dhaehee Dhhovai Chakr Banaaeae Maaeiaa No Bahu Dhhaavai ||	He washes his body, and draws ritual marks on it, and totally runs after wealth.	ਸਰੀਰ ਨੂੰ ਇਸ਼ਨਾਨ ਕਰਾਉਂਦਾ ਹੈ (ਪਿੰਡ ਉਤੇ) ਚੱਕਰ ਬਣਾਉਂਦਾ ਹੈ, ਤੇ ਉਂਞ ਮਾਇਆ ਦੀ ਖ਼ਾਤਰ ਭਟਕਦਾ ਫਿਰਦਾ ਹੈ,
41224	960	ਅੰਦਰਿ ਮੈਲੁ ਨ ਉਤਰੈ ਹਉਮੈ ਫਿਰਿ ਫਿਰਿ ਆਵੈ ਜਾਵੈ॥		Andhar Mail N Outharai Houmai Fir Fir Aavai Jaavai ||	But the filth of his egotism is not removed from within, and over and over again, he comes and goes in reincarnation.	(ਇਹਨਾਂ ਚੱਕ੍ਰ ਆਦਿਕਾਂ ਨਾਲ) ਮਨ ਵਿਚੋਂ ਹਉਮੈ ਦੀ ਮੈਲ ਨਹੀਂ ਉਤਰਦੀ, ਉਹ ਮੁੜ ਮੁੜ ਜਨਮ ਦੇ ਚੱਕ੍ਰ ਵਿਚ ਪਿਆ ਰਹਿੰਦਾ ਹੈ;
41225	960	ਨੀਂਦ ਵਿਆਪਿਆ ਕਾਮਿ ਸੰਤਾਪਿਆ ਮੁਖਹੁ ਹਰਿ ਹਰਿ ਕਹਾਵੈ॥		Neenadh Viaapiaa Kaam Santhaapiaa Mukhahu Har Har Kehaavai ||	Engulfed in sleep, and tormented by frustrated sexual desire, he chants the Lord's Name with his mouth.	ਗ਼ਫ਼ਲਤਿ ਦੀ ਨੀਂਦ ਦਾ ਦੱਬਿਆ ਹੋਇਆ, ਕਾਮ ਦਾ ਮਾਰਿਆ ਹੋਇਆ, ਮੂੰਹ ਨਾਲ ਹੀ 'ਹਰੇ! ਹਰੇ!' ਆਖਦਾ ਹੈ,
41226	960	ਬੈਸਨੋ ਨਾਮੁ ਕਰਮ ਹਉ ਜੁਗਤਾ ਤੁਹ ਕੁਟੇ ਕਿਆ ਫਲੁ ਪਾਵੈ॥	ਕੁੱਟੇ	Baisano Naam Karam Ho Jugathaa Thuh Kuttae Kiaa Fal Paavai ||	He is called a Vaishnav, but he is bound to deeds of egotism; by threshing only husks, what rewards can be obtained?	ਆਪਣਾ ਨਾਮ ਭੀ ਵੈਸ਼ਨੋ (ਵਿਸ਼ਨੂੰ ਦਾ ਭਗਤ) ਰੱਖਿਆ ਹੋਇਆ ਹੈ, ਪਰ ਕਰਤੂਤਾਂ ਕਰਕੇ ਹਉਮੈ ਵਿਚ ਜਕੜਿਆ ਪਿਆ ਹੈ, (ਸੋ, ਸਰੀਰ ਧੋਣ, ਚੱਕ੍ਰ ਬਨਾਉਣ ਆਦਿਕ ਕਰਮ ਤੋਹ ਕੁੱਟਣ ਸਮਾਨ ਹਨ) ਤੋਹ ਕੁੱਟਿਆਂ (ਉਹਨਾਂ ਵਿਚੋਂ) ਚਉਲ ਨਹੀਂ ਲੱਭ ਪੈਣੇ।

41227	960	ਹੰਸਾ ਵਿਚਿ ਬੈਠਾ ਬਗੁ ਨ ਬਣਈ ਨਿਤ ਬੈਠਾ ਮਛੀ ਨੋ ਤਾਰ ਲਾਵੈ॥	ਬੱਗੁ	Hansaa Vich Baithaa Bag N Banee Nith Baithaa Mashhee No Thaar Laavai ||	Sitting among the swans, the crane does not become one of them; sitting there, he keeps staring at the fish.	ਹੰਸਾਂ ਵਿਚ ਬੈਠਾ ਹੋਇਆ ਬਗਲਾ ਹੰਸ ਨਹੀਂ ਬਣ ਜਾਂਦਾ, (ਹੰਸਾਂ ਵਿਚ) ਬੈਠਾ ਹੋਇਆ ਭੀ ਉਹ ਸਦਾ ਮੱਛੀ (ਫੜਨ) ਲਈ ਤਾੜੀ ਲਾਂਦਾ ਹੈ;
41228	960	ਜਾ ਹੰਸ ਸਭਾ ਵੀਚਾਰੁ ਕਰਿ ਦੇਖਨਿ ਤਾ ਬਗਾ ਨਾਲਿ ਜੋੜੁ ਕਦੇ ਨ ਆਵੈ॥	ਸਭਾ: ਪੋਲਾ ਬੋਲੋ, ਬੱਗਾਂ	Jaa Hans Sabhaa Veechaar Kar Dhaekhan Thaa Bagaa Naal Jorr Kadhae N Aavai ||	And when the gathering of swans looks and sees, they realize that they can never form an alliance with the crane.	ਜਦੋਂ ਹੰਸ ਰਲ ਕੇ ਵਿਚਾਰ ਕਰ ਕੇ ਵੇਖਦੇ ਹਨ ਤਾਂ (ਇਹੀ ਸਿੱਟਾ ਨਿਕਲਦਾ ਹੈ ਕਿ) ਬਗਲਿਆਂ ਨਾਲ ਉਹਨਾਂ ਦਾ ਜੋੜ ਫਬਦਾ ਨਹੀਂ,
41229	960	ਹੰਸਾ ਹੀਰਾ ਮੋਤੀ ਚੁਗਣਾ ਬਗੁ ਡਡਾ ਭਾਲਣ ਜਾਵੈ॥	ਡੱਡਾਂ	Hansaa Heeraa Mothee Chuganaa Bag Ddaddaa Bhaalan Jaavai ||	The swans peck at the diamonds and pearls, while the crane chases after frogs.	(ਕਿਉਂਕਿ) ਹੰਸਾਂ ਦੀ ਖ਼ੁਰਾਕ ਹੀਰੇ ਮੋਤੀ ਹਨ ਤੇ ਬਗਲਾ ਡੱਡੀਆਂ ਲੱਭਣ ਜਾਂਦਾ ਹੈ;
41230	960	ਉਡਰਿਆ ਵੇਚਾਰਾ ਬਗੁਲਾ ਮਤੁ ਹੋਵੈ ਮੰਝੁ ਲਖਾਵੈ॥	ਉੱਡਰਿਆ	Ouddariaa Vaechaaraa Bagulaa Math Hovai Mannj Lakhaavai ||	The poor crane flies away, so that his secret will not be exposed.	ਵਿਚਾਰਾ ਬਗਲਾ (ਆਖ਼ਰ ਹੰਸਾਂ ਦੀ ਡਾਰ ਵਿਚੋਂ) ਉੱਡ ਹੀ ਜਾਂਦਾ ਹੈ ਕਿ ਮਤਾਂ ਮੇਰਾ ਪਾਜ ਖੁਲ੍ਹ ਨ ਜਾਏ।

41231	960	ਜਿਤੁ ਕੋ ਲਾਇਆ ਤਿਤ ਹੀ ਲਾਗਾ ਕਿਸੁ ਦੋਸੁ ਦਿਚੈ ਜਾ ਹਰਿ ਏਵੈ ਭਾਵੈ॥		Jith Ko Laaeiaa Thith Hee Laagaa Kis Dhos Dhichai Jaa Har Eaevai Bhaavai ||	Whatever the Lord attaches one to, to that he is attached. Who is to blame, when the Lord wills it so?	ਪਰ, ਦੋਸ ਕਿਸ ਨੂੰ ਦਿੱਤਾ ਜਾਏ? ਪਰਮਾਤਮਾ ਨੂੰ ਵੀ ਇਹੀ ਗੱਲ ਚੰਗੀ ਲੱਗਦੀ ਹੈ; ਜਿੱਧਰ ਕੋਈ ਜੀਵ ਲਾਇਆ ਜਾਂਦਾ ਹੈ ਓਧਰ ਹੀ ਉਹ ਲੱਗਦਾ ਹੈ।
41232	960	ਸਤਿਗੁਰੁ ਸਰਵਰੁ ਰਤਨੀ ਭਰਪੂਰੇ ਜਿਸੁ ਪ੍ਰਾਪਤਿ ਸੋ ਪਾਵੈ॥		Sathigur Saravar Rathanee Bharapoorae Jis Praapath So Paavai ||	The True Guru is the lake, overflowing with pearls. One who meets the True Guru obtains them.	ਸਤਿਗੁਰੂ (ਮਾਨੋ) ਇਕ ਸਰੋਵਰ ਹੈ ਜੋ ਰਤਨਾਂ ਨਾਲ ਨਕਾ-ਨਕ ਭਰਿਆ ਹੋਇਆ ਹੈ, ਜਿਸ ਦੇ ਭਾਗ ਹੋਣ ਉਸੇ ਨੂੰ ਹੀ ਮਿਲਦਾ ਹੈ।
41233	960	ਸਿਖ ਹੰਸ ਸਰਵਰਿ ਇਕਠੇ ਹੋਏ ਸਤਿਗੁਰ ਕੈ ਹੁਕਮਾਵੈ॥	ਇੱਕਠੇ	Sikh Hans Saravar Eikathae Hoeae Sathigur Kai Hukamaavai ||	The Sikh-swans gather at the lake, according to the Will of the True Guru.	ਸਤਿਗੁਰੂ ਦੇ ਹੁਕਮ ਅਨੁਸਾਰ ਹੀ ਸਿੱਖ-ਹੰਸ (ਗੁਰੂ ਦੀ ਸਰਨ-ਰੂਪ) ਸਰੋਵਰ ਵਿਚ ਆ ਇਕੱਠੇ ਹੁੰਦੇ ਹਨ।
41234	960	ਰਤਨ ਪਦਾਰਥ ਮਾਣਕ ਸਰਵਰਿ ਭਰਪੂਰੇ ਖਾਇ ਖਰਚਿ ਰਹੇ ਤੋਟਿ ਨ ਆਵੈ॥		Rathan Padhaarathh Maanak Saravar Bharapoorae Khaae Kharach Rehae Thott N Aavai ||	The lake is filled with the wealth of these jewels and pearls; they are spent and consumed, but they never run out.	ਉਸ ਸਰੋਵਰ ਵਿਚ (ਪ੍ਰਭੂ ਦੇ ਗੁਣ ਰੂਪ) ਹੀਰੇ-ਮੋਤੀ ਨਕਾ-ਨਕ ਭਰੇ ਹੋਏ ਹਨ, ਸਿੱਖ ਇਹਨਾਂ ਨੂੰ ਆਪ ਵਰਤਦੇ ਤੇ ਹੋਰਨਾਂ ਨੂੰ ਵੰਡਦੇ ਹਨ ਇਹ ਹੀਰੇ-ਮੋਤੀ ਮੁੱਕਦੇ ਨਹੀਂ।

41235	960	ਸਰਵਰ ਹੰਸੁ ਦੂਰਿ ਨ ਹੋਈ ਕਰਤੇ ਏਵੈ ਭਾਵੈ॥		Saravar Hans Dhoor N Hoee Karathae Eaevai Bhaavai ||	The swan never leaves the lake; such is the Pleasure of the Creator's Will.	ਕਰਤਾਰ ਨੂੰ ਇਉਂ ਹੀ ਭਾਉਂਦਾ ਹੈ ਕਿ ਸਿੱਖ-ਹੰਸ ਗੁਰੂ-ਸਰੋਵਰ ਤੋਂ ਦੂਰ ਨਹੀਂ ਜਾਂਦਾ।
41236	960	ਜਨ ਨਾਨਕ ਜਿਸ ਦੈ ਮਸਤਕਿ ਭਾਗੁ ਧੁਰਿ ਲਿਖਿਆ ਸੋ ਸਿਖੁ ਗੁਰੂ ਪਹਿ ਆਵੈ॥		Jan Naanak Jis Dhai Masathak Bhaag Dhhur Likhiaa So Sikh Guroo Pehi Aavai ||	O servant Nanak, one who has such pre-ordained destiny inscribed upon his forehead - that Sikh comes to the Guru.	ਹੇ ਨਾਨਕ! ਧੁਰੋਂ ਜਿਸ ਦੇ ਮੱਥੇ ਉਤੇ ਲਿਖਿਆ ਲੇਖ ਹੋਵੇ ਉਹ ਸਿੱਖ ਸਤਿਗੁਰੂ ਦੀ ਸਰਨੀਂ ਆਉਂਦਾ ਹੈ,
41237	960	ਆਪਿ ਤਰਿਆ ਕੁਟੰਬ ਸਭਿ ਤਾਰੇ ਸਭਾ ਸ੍ਰਿਸਟਿ ਛਡਾਵੈ॥੧॥	ਸੱਭਾ	Aap Thariaa Kuttanb Sabh Thaarae Sabhaa Srisatt Shhaddaavai ||1||	He saves himself, and saves all his generations as well; he emancipates the whole world. ||1||	(ਗੁਰ-ਸਰਨ ਆ ਕੇ) ਉਹ ਆਪ ਤਰ ਜਾਂਦਾ ਹੈ, ਸਾਰੇ ਸਨਬੰਧੀਆਂ ਨੂੰ ਤਾਰ ਲੈਂਦਾ ਹੈ ਤੇ ਸਾਰੇ ਜਗਤ ਨੂੰ ਬਚਾ ਲੈਂਦਾ ਹੈ ॥੧॥
41238	960	ਮਃ ੫॥		Ma 5 ||	Fifth Mehl:	
41239	960	ਪੰਡਿਤੁ ਆਖਾਏ ਬਹੁਤੀ ਰਾਹੀ ਕੋਰੜ ਮੋਠ ਜਿਨੇਹਾ॥		Panddith Aakhaaeae Bahuthee Raahee Korarr Moth Jinaehaa ||	He is called a Pandit, a religious scholar, and yet he wanders along many pathways. He is as hard as uncooked beans.	ਬਹੁਤੇ ਸ਼ਾਸਤ੍ਰ ਆਦਿਕ ਪੜ੍ਹਨ ਕਰ ਕੇ (ਹੀ ਜੇ ਆਪਣੇ ਆਪ ਨੂੰ ਕੋਈ ਮਨੁੱਖ) ਪੰਡਿਤ ਅਖਵਾਉਂਦਾ ਹੈ (ਪਰ) ਹੈ ਉਹ ਕੋੜ੍ਹਕੂ ਮੋਠ ਵਰਗਾ (ਜੋ ਰਿੰਨ੍ਹਿਆਂ ਗਲਦਾ ਨਹੀਂ)।

41240	960	ਅੰਦਰਿ ਮੋਹੁ ਨਿਤ ਭਰਮਿ ਵਿਆਪਿਆ ਤਿਸਟਸਿ ਨਾਹੀ ਦੇਹਾ॥	ਤਿਸਟਸਿ:ਪੋਲਾ ਬੋਲੋ। (ਤਿਸ-ਟਸਿ) ਇਸਥਿੱਤ।	Andhar Mohu Nith Bharam Viaapiaa Thisattas Naahee Dhaehaa ||	He is filled with attachment, and constantly engrossed in doubt; his body cannot hold still.	ਉਸ ਦੇ ਮਨ ਵਿਚ ਮੋਹ (ਪ੍ਰਬਲ) ਹੈ, ਉਸ ਦੀ ਭਟਕਣਾ ਖ਼ਤਮ ਨਹੀਂ ਹੁੰਦੀ।
41241	960	ਕੂੜੀ ਆਵੈ ਕੂੜੀ ਜਾਵੈ ਮਾਇਆ ਕੀ ਨਿਤ ਜੋਹਾ॥		Koorree Aavai Koorree Jaavai Maaeiaa Kee Nith Johaa ||	False is his coming, and false is his going; he is continually on the lookout for Maya.	ਉਸ ਪੰਡਿਤ ਦੀ (ਵਿੱਦਿਆ ਵਾਲੀ) ਸਾਰੀ ਦੌੜ-ਭੱਜ ਝੂਠ-ਮੂਠ ਹੈ (ਕਿਉਂਕਿ) ਉਸ ਨੂੰ ਸਦਾ ਮਾਇਆ ਦੀ ਹੀ ਝਾਕ ਲੱਗੀ ਰਹਿੰਦੀ ਹੈ।
41242	960	ਸਚੁ ਕਹੈ ਤਾ ਛੋਹੋ ਆਵੈ ਅੰਤਰਿ ਬਹੁਤਾ ਰੋਹਾ॥		Sach Kehai Thaa Shhoho Aavai Anthar Bahuthaa Rohaa ||	If someone speaks the truth, then he is aggravated; he is totally filled with anger.	ਜੇ ਕੋਈ ਉਸ ਨੂੰ ਇਹ ਅਸਲੀਅਤ ਦੱਸੇ ਤਾਂ ਉਸ ਨੂੰ ਖਿੱਝ ਆਉਂਦੀ ਹੈ (ਕਿਉਂਕਿ ਸ਼ਾਸਤ੍ਰ ਆਦਿਕ ਪੜ੍ਹ ਕੇ ਭੀ) ਉਸ ਦੇ ਮਨ ਵਿਚ ਗੁੱਸਾ ਬਹੁਤ ਹੈ।
41243	960	ਵਿਆਪਿਆ ਦੁਰਮਤਿ ਕੁਬੁਧਿ ਕੁਮੂੜਾ ਮਨਿ ਲਾਗਾ ਤਿਸੁ ਮੋਹਾ॥		Viaapiaa Dhuramath Kubudhh Kumoorraa Man Laagaa This Mohaa ||	The evil fool is engrossed in evil-mindedness and false intellectualizations; his mind is attached to emotional attachment.	(ਅਜੇਹਾ ਪੰਡਿਤ ਅਸਲ ਵਿਚ) ਭੈੜੀ ਕੋਝੀ ਮੱਤ ਦਾ ਮਾਰਿਆ ਹੋਇਆ ਮਹਾ ਮੂਰਖ ਹੁੰਦਾ ਹੈ ਕਿਉਂਕਿ ਉਸ ਦੇ ਮਨ ਵਿਚ ਮਾਇਆ ਦਾ ਮੋਹ (ਬਲਵਾਨ) ਹੈ;

41244	960	ਠਗੈ ਸੇਤੀ ਠਗੁ ਰਲਿ ਆਇਆ ਸਾਥੁ ਭਿ ਇਕੋ ਜੇਹਾ॥	ਠੱਗੈ	Thagai Saethee Thag Ral Aaeiaa Saathh Bh Eiko Jaehaa ||	The deceiver abides with the five deceivers; it is a gathering of like minds.	ਅਜੇਹੇ ਠੱਗ ਨਾਲ ਇਕ ਹੋਰ ਇਹੋ ਜਿਹਾ ਹੀ ਠੱਗ ਰਲ ਪੈਂਦਾ ਹੈ, ਦੋਹਾਂ ਦਾ ਵਾਹ-ਵਾਹ ਮੇਲ ਬਣ ਜਾਂਦਾ ਹੈ।
41245	960	ਸਤਿਗੁਰੁ ਸਰਾਫੁ ਨਦਰੀ ਵਿਚਦੋ ਕਢੈ ਤਾਂ ਉਘੜਿ ਆਇਆ ਲੋਹਾ॥	(ਵਿਚਦੋ) ਵਿੱਚਦੀ। (ਲੋਹਾ) ਲੋਭੀ,ਲਾਲਚੀ, ਪਾਪੀ। ਵਿੱਚ-ਦੋ, ਉੱਘੜਿ	Sathigur Saraaf Nadharee Vichadho Kadtai Thaan Ougharr Aaeiaa Lohaa ||	And when the Jeweller, the True Guru, appraises him, then he is exposed as mere iron.	ਜਦੋਂ ਸਰਾਫ਼ ਸਤਿਗੁਰੂ ਗਹੁ ਨਾਲ ਪਰਖ ਕਰਦਾ ਹੈ ਤਾਂ (ਇਹ ਬਾਹਰੋਂ ਵਿੱਦਿਆ ਨਾਲ ਚਮਕਦਾ ਸੋਨਾ ਦਿੱਸਣ ਵਾਲਾ, ਪਰ ਅੰਦਰੋਂ) ਲੋਹਾ ਉੱਘੜ ਆਉਂਦਾ ਹੈ।
41246	960	ਬਹੁਤੇਰੀ ਥਾਈ ਰਲਾਇ ਰਲਾਇ ਦਿਤਾ ਉਘੜਿਆ ਪੜਦਾ ਅਗੈ ਆਇ ਖਲੋਹਾ॥	ਥਾਂਈਂ	Bahuthaeree Thhaaee Ralaae Ralaae Dhithaa Ougharriaa Parradhaa Agai Aae Khalohaa ||	Mixed and mingled with others, he was passed off as genuine in many places; but now, the veil has been lifted, and he stands naked before all.	ਕਈ ਥਾਈਂ ਭਾਵੇਂ ਇਸ ਨੂੰ ਰਲਾ ਰਲਾ ਕੇ ਰੱਖੀਏ, ਪਰ ਇਸ ਦਾ ਪਾਜ ਖੁਲ੍ਹ ਕੇ ਅਸਲੀਅਤ ਅੱਗੇ ਆ ਹੀ ਜਾਂਦੀ ਹੈ।
41247	960	ਸਤਿਗੁਰ ਕੀ ਜੇ ਸਰਣੀ ਆਵੈ ਫਿਰਿ ਮਨੂਰਹੁ ਕੰਚਨੁ ਹੋਹਾ॥		Sathigur Kee Jae Saranee Aavai Fir Manoorahu Kanchan Hohaa ||	One who comes to the Sanctuary of the True Guru, shall be transformed from iron into gold.	(ਅਜੇਹਾ ਬੰਦਾ ਭੀ) ਜੇ ਸਤਿਗੁਰੂ ਦੀ ਸਰਨ ਵਿਚ ਆ ਜਾਏ ਤਾਂ ਸੜੇ ਹੋਏ ਲੋਹੇ ਤੋਂ ਸੋਨਾ ਬਣ ਜਾਂਦਾ ਹੈ।

41248	960	ਸਤਿਗੁਰੁ ਨਿਰਵੈਰੁ ਪੁਤ੍ਰ ਸਤ੍ਰ ਸਮਾਨੇ ਅਉਗਣ ਕਟੇ ਕਰੇ ਸੁਧੁ ਦੇਹਾ॥	ਪੁੱਤ੍ਰ। ਸੱਤ੍ਰ। ਕੱਟੇ। ਸੁੱਧੁ।	Sathigur Niravair Puthr Sathr Samaanae Aougan Kattae Karae Sudhh Dhaehaa ||	The True Guru has no anger or vengeance; He looks upon son and enemy alike. Removing faults and mistakes, He purifies the human body.	ਸਤਿਗੁਰੂ ਨੂੰ ਕਿਸੇ ਨਾਲ ਵੈਰ ਨਹੀਂ, ਉਸ ਨੂੰ ਪੁਤ੍ਰ ਤੇ ਵੈਰੀ ਇਕੋ ਜਿਹੇ ਪਿਆਰੇ ਹਨ (ਜੋ ਕੋਈ ਭੀ ਉਸ ਦੀ ਸਰਨ ਆਵੇ ਉਸ ਦੇ) ਔਗੁਣ ਕੱਟ ਕੇ (ਗੁਰੂ) ਉਸ ਦੇ ਸਰੀਰ ਨੂੰ ਸੁੱਧ ਕਰ ਦੇਂਦਾ ਹੈ।
41249	960	ਨਾਨਕ ਜਿਸੁ ਧੁਰਿ ਮਸਤਕਿ ਹੋਵੈ ਲਿਖਿਆ ਤਿਸੁ ਸਤਿਗੁਰ ਨਾਲਿ ਸਨੇਹਾ॥		Naanak Jis Dhhur Masathak Hovai Likhiaa This Sathigur Naal Sanaehaa ||	O Nanak, one who has such pre-ordained destiny inscribed upon his forehead, is in love with the True Guru.	ਹੇ ਨਾਨਕ! ਜਿਸ ਮਨੁੱਖ ਦੇ ਮੱਥੇ ਉਤੇ ਧੁਰੋਂ ਲੇਖ ਲਿਖਿਆ ਹੋਇਆ ਹੋਵੇ, ਉਸ ਦਾ ਗੁਰੂ ਨਾਲ ਪ੍ਰੇਮ ਬਣਦਾ ਹੈ।
41250	961	ਅੰਮ੍ਰਿਤ ਬਾਣੀ ਸਤਿਗੁਰ ਪੂਰੇ ਕੀ ਜਿਸੁ ਕਿਰਪਾਲੁ ਹੋਵੈ ਤਿਸੁ ਰਿਦੈ ਵਸੇਹਾ॥		Anmrith Baanee Sathigur Poorae Kee Jis Kirapaal Hovai This Ridhai Vasaehaa ||	The Word of the Perfect True Guru's Bani is Ambrosial Nectar; it dwells in the heart of one who is blessed by the Guru's Mercy.	ਪੂਰੇ ਗੁਰੂ ਦੀ ਆਤਮਕ ਜੀਵਨ ਦੇਣ ਵਾਲੀ ਬਾਣੀ ਉਸ ਮਨੁੱਖ ਦੇ ਹਿਰਦੇ ਵਿਚ ਵੱਸਦੀ ਹੈ ਜਿਸ ਉਤੇ ਗੁਰੂ ਮੇਹਰ ਕਰੇ।
41251	961	ਆਵਣ ਜਾਣਾ ਤਿਸ ਕਾ ਕਟੀਐ ਸਦਾ ਸਦਾ ਸੁਖੁ ਹੋਹਾ॥੨॥		Aavan Jaanaa This Kaa Katteeai Sadhaa Sadhaa Sukh Hohaa ||2||	His coming and going in reincarnation is ended; forever and ever, he is at peace. ||2||	ਉਸ ਮਨੁੱਖ ਦਾ ਜਨਮ ਮਰਨ ਦੇ ਗੇੜ ਮੁੱਕ ਜਾਂਦਾ ਹੈ, ਉਸ ਨੂੰ ਸਦਾ ਹੀ ਸੁਖ ਪ੍ਰਾਪਤ ਹੁੰਦਾ ਹੈ ॥੨॥

41252	961	ਪਉੜੀ॥		Pourree ||	Pauree:	
41253	961	ਜੋ ਤੁਧੁ ਭਾਣਾ ਜੰਤੁ ਸੋ ਤੁਧੁ ਬੁਝਈ॥	ਬੁੱਝਈ	Jo Thudhh Bhaanaa Janth So Thudhh Bujhee ||	He alone understands You, Lord, with whom You are pleased.	ਹੇ ਪ੍ਰਭੂ! ਜੇਹੜਾ ਜੀਵ ਤੈਨੂੰ ਪਿਆਰਾ ਲੱਗਦਾ ਹੈ, ਉਹ ਤੇਰੇ ਨਾਲ ਸਾਂਝ ਪਾ ਲੈਂਦਾ ਹੈ।
41254	961	ਜੋ ਤੁਧੁ ਭਾਣਾ ਜੰਤੁ ਸੁ ਦਰਗਹ ਸਿਝਈ॥	ਸਿੱਝਈ	Jo Thudhh Bhaanaa Janth S Dharageh Sijhee ||	He alone is approved in the Court of the Lord, with whom You are pleased.	ਉਹ (ਜੀਵਨ-ਸਫ਼ਰ ਵਿਚ) ਕਾਮਯਾਬ (ਹੋ ਕੇ) ਤੇਰੀ ਹਜ਼ੂਰੀ ਵਿਚ ਪਹੁੰਚਦਾ ਹੈ।
41255	961	ਜਿਸ ਨੋ ਤੇਰੀ ਨਦਰਿ ਹਉਮੈ ਤਿਸੁ ਗਈ॥		Jis No Thaeree Nadhar Houmai This Gee ||	Egotism is eradicated, when You bestow Your Grace.	ਜਿਸ ਉਤੇ ਤੇਰੀ ਮੇਹਰ ਦੀ ਨਜ਼ਰ ਹੋਵੇ, ਉਸ ਦਾ ਆਪਾ-ਭਾਵ ਦੂਰ ਹੋ ਜਾਂਦਾ ਹੈ।
41256	961	ਜਿਸ ਨੋ ਤੂ ਸੰਤੁਸਟੁ ਕਲਮਲ ਤਿਸੁ ਖਈ॥	(ਸੰਤੁਸਟੁ) ਪਰਮ ਪ੍ਰਸੰਨ	Jis No Thoo Santhusatt Kalamal This Khee ||	Sins are erased, when You are thoroughly pleased.	ਜਿਸ ਉਤੇ ਤੂੰ ਖ਼ੁਸ਼ ਹੋ ਜਾਏਂ ਉਸ ਦੇ ਸਾਰੇ ਪਾਪ ਮੁੱਕ ਜਾਂਦੇ ਹਨ।
41257	961	ਜਿਸ ਕੈ ਸੁਆਮੀ ਵਲਿ ਨਿਰਭਉ ਸੋ ਭਈ॥		Jis Kai Suaamee Val Nirabho So Bhee ||	One who has the Lord Master on his side, becomes fearless.	ਮਾਲਕ-ਪ੍ਰਭੂ ਜਿਸ ਮਨੁੱਖ ਦੇ ਪੱਖ ਤੇ ਹੋਵੇ, ਉਹ (ਦੁਨੀਆ ਦੇ ਡਰ-ਸਹਿਮਾਂ ਵਲੋਂ) ਨਿਡਰ ਹੋ ਜਾਂਦਾ ਹੈ।
41258	961	ਜਿਸ ਨੋ ਤੂ ਕਿਰਪਾਲੁ ਸਚਾ ਸੋ ਥਿਅਈ॥	ਥਿ-ਅਈਹੁੰਦਾ ਹੈ	Jis No Thoo Kirapaal Sachaa So Thhiaee ||	One who is blessed with Your Mercy, becomes truthful.	ਹੇ ਪ੍ਰਭੂ! ਜਿਸ ਉਤੇ ਤੂੰ ਦਿਆਲ ਹੋਵੇਂ, ਉਹ (ਮਾਇਆ ਦੇ ਹੱਲਿਆਂ ਅੱਗੇ) ਅਡੋਲ ਹੋ ਜਾਂਦਾ ਹੈ।

41259	961	ਜਿਸ ਨੋ ਤੇਰੀ ਮਇਆ ਨ ਪੋਹੈ ਅਗਨਈ॥	ਅੱਗ-ਨਈ	Jis No Thaeree Maeiaa N Pohai Aganee ||	One who is blessed with Your Kindness, is not touched by fire.	ਜਿਸ ਉਤੇ ਮੇਹਰ ਹੋਵੇ ਉਸ ਨੂੰ (ਮਾਇਆ ਦੀ) ਅੱਗ ਪੋਹ ਹੀ ਨਹੀਂ ਸਕਦੀ।
41260	961	ਤਿਸ ਨੋ ਸਦਾ ਦਇਆਲੁ ਜਿਨਿ ਗੁਰ ਤੇ ਮਤਿ ਲਈ॥੭॥		This No Sadhaa Dhaeiaal Jin Gur Thae Math Lee ||7||	You are forever Merciful to those who are receptive to the Guru's Teachings. ||7||	ਪਰ, (ਹੇ ਪ੍ਰਭੂ!) ਤੂੰ ਉਸੇ ਉਤੇ ਸਦਾ ਦਿਆਲ ਹੈਂ, ਜਿਸ ਨੇ ਗੁਰੂ ਪਾਸੋਂ (ਮਨੁੱਖਾ ਜੀਵਨ ਜੀਊਣ ਦੀ) ਅਕਲ ਸਿੱਖੀ ॥੭॥
41261	961	ਸਲੋਕ ਮਃ ੫॥		Salok Ma 5 ||	Shalok, Fifth Mehl:	
41262	961	ਕਰਿ ਕਿਰਪਾ ਕਿਰਪਾਲ ਆਪੇ ਬਖਸਿ ਲੈ॥		Kar Kirapaa Kirapaal Aapae Bakhas Lai ||	Please grant Your Grace, O Merciful Lord; please forgive me.	ਹੇ ਕਿਰਪਾਲ (ਪ੍ਰਭੂ)! ਮੇਹਰ ਕਰ, ਤੇ ਤੂੰ ਆਪ ਹੀ ਮੈਨੂੰ ਬਖ਼ਸ਼ ਲੈ,
41263	961	ਸਦਾ ਸਦਾ ਜਪੀ ਤੇਰਾ ਨਾਮੁ ਸਤਿਗੁਰ ਪਾਇ ਪੈ॥		Sadhaa Sadhaa Japee Thaeraa Naam Sathigur Paae Pai ||	Forever and ever, I chant Your Name; I fall at the feet of the True Guru.	ਸਤਿਗੁਰੂ ਦੇ ਚਰਨਾਂ ਉਤੇ ਢਹਿ ਕੇ ਮੈਂ ਸਦਾ ਹੀ ਤੇਰਾ ਨਾਮ ਜਪਦਾ ਰਹਾਂ।
41264	961	ਮਨ ਤਨ ਅੰਤਰਿ ਵਸੁ ਦੂਖਾ ਨਾਸੁ ਹੋਇ॥	ਵਸੁ: ਪੋਲਾ ਬੋਲੋ	Man Than Anthar Vas Dhookhaa Naas Hoe ||	Please, dwell within my mind and body, and end my sufferings.	(ਹੇ ਕਿਰਪਾਲ!) ਮੇਰੇ ਮਨ ਵਿਚ ਤਨ ਵਿਚ ਆ ਵੱਸ (ਤਾਕਿ) ਮੇਰੇ ਦੁੱਖ ਮੁੱਕ ਜਾਣ।

41265	961	ਹਥ ਦੇਇ ਆਪਿ ਰਖੁ ਵਿਆਪੈ ਭਉ ਨ ਕੋਇ॥		Hathh Dhaee Aap Rakh Viaapai Bho N Koe ||	Please give me Your hand, and save me, that fear may not afflict me.	ਤੂੰ ਆਪ ਮੈਨੂੰ ਆਪਣੇ ਹੱਥ ਦੇ ਕੇ ਰੱਖ, ਕੋਈ ਡਰ ਮੇਰੇ ਉਤੇ ਜ਼ੋਰ ਨਾ ਪਾ ਸਕੇ।
41266	961	ਗੁਣ ਗਾਵਾ ਦਿਨੁ ਰੈਣਿ ਏਤੈ ਕੰਮਿ ਲਾਇ॥		Gun Gaavaa Dhin Rain Eaethai Kanm Laae ||	May I sing Your Glorious Praises day and night; please commit me to this task.	(ਹੇ ਕਿਰਪਾਲ!) ਮੈਨੂੰ ਇਸੇ ਕੰਮ ਲਾਈ ਰੱਖ ਕਿ ਮੈਂ ਦਿਨ ਰਾਤ ਤੇਰੇ ਗੁਣ ਗਾਂਦਾ ਰਹਾਂ।
41267	961	ਸੰਤ ਜਨਾ ਕੈ ਸੰਗਿ ਹਉਮੈ ਰੋਗੁ ਜਾਇ॥		Santh Janaa Kai Sang Houmai Rog Jaae ||	Associating with the humble Saints, the disease of egotism is eradicated.	ਗੁਰਮੁਖਾਂ ਦੀ ਸੰਗਤ ਵਿਚ ਰਹਿ ਕੇ ਮੇਰਾ ਹਉਮੈ ਦਾ ਰੋਗ ਕੱਟਿਆ ਜਾਏ।
41268	961	ਸਰਬ ਨਿਰੰਤਰਿ ਖਸਮੁ ਏਕੋ ਰਵਿ ਰਹਿਆ॥		Sarab Niranthar Khasam Eaeko Rav Rehiaa ||	The One Lord and Master is all-pervading, permeating everywhere.	(ਭਾਵੇਂ) ਖਸਮ-ਪ੍ਰਭੂ ਹੀ ਸਭ ਜੀਵਾਂ ਵਿਚ ਇਕ-ਰਸ ਵਿਆਪਕ ਹੈ,
41269	961	ਗੁਰ ਪਰਸਾਦੀ ਸਚੁ ਸਚੋ ਸਚੁ ਲਹਿਆ॥		Gur Parasaadhee Sach Sacho Sach Lehiaa ||	By Guru's Grace, I have truly found the Truest of the True.	ਪਰ ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਜਿਸ ਨੇ ਲੱਭਾ ਹੈ ਗੁਰੂ ਦੀ ਮੇਹਰ ਨਾਲ ਲੱਭਾ ਹੈ।
41270	961	ਦਇਆ ਕਰਹੁ ਦਇਆਲ ਅਪਣੀ ਸਿਫਤਿ ਦੇਹੁ॥	ਦ-ਇਆਲ	Dhaeiaa Karahu Dhaeiaal Apanee Sifath Dhaehu ||	Please bless me with Your Kindness, O Kind Lord, and bless me with Your Praises.	ਹੇ ਦਿਆਲ ਪ੍ਰਭੂ! ਦਇਆ ਕਰ, ਮੈਨੂੰ ਆਪਣੀ ਸਿਫ਼ਤ-ਸਾਲਾਹ ਬਖ਼ਸ਼।

41271	961	ਦਰਸਨੁ ਦੇਖਿ ਨਿਹਾਲ ਨਾਨਕ ਪ੍ਰੀਤਿ ਏਹ॥੧॥		Dharasan Dhaekh Nihaal Naanak Preeth Eaeh ||1||	Gazing upon the Blessed Vision of Your Darshan, I am in ecstasy; this is what Nanak loves. ||1||	(ਮੈਨੂੰ) ਨਾਨਕ ਨੂੰ ਇਹੀ ਤਾਂਘ ਹੈ ਕਿ ਤੇਰਾ ਦਰਸਨ ਕਰ ਕੇ ਖਿੜਿਆ ਰਹਾਂ ॥੧॥
41272	961	ਮਃ ੫॥		Ma 5 ||	Fifth Mehl:	
41273	961	ਏਕੋ ਜਪੀਐ ਮਨੈ ਮਾਹਿ ਇਕਸ ਕੀ ਸਰਣਾਇ॥		Eaeko Japeeai Manai Maahi Eikas Kee Saranaae ||	Meditate on the One Lord within your mind, and enter the Sanctuary of the One Lord alone.	ਇਕ ਪ੍ਰਭੂ ਨੂੰ ਹੀ ਮਨ ਵਿਚ ਧਿਆਉਣਾ ਚਾਹੀਦਾ ਹੈ, ਇਕ ਪ੍ਰਭੂ ਦੀ ਹੀ ਸਰਨ ਲੈਣੀ ਚਾਹੀਦੀ ਹੈ।
41274	961	ਇਕਸੁ ਸਿਉ ਕਰਿ ਪਿਰਹੜੀ ਦੂਜੀ ਨਾਹੀ ਜਾਇ॥		Eikas Sio Kar Pireharree Dhoojee Naahee Jaae ||	Be in love with the One Lord; there is no other at all.	ਹੇ ਮਨ! ਇਕ ਪ੍ਰਭੂ ਨਾਲ ਹੀ ਪ੍ਰੇਮ ਪਾ, ਉਸ ਤੋਂ ਬਿਨਾ ਹੋਰ ਕੋਈ ਥਾਂ ਟਿਕਾਣਾ ਨਹੀਂ ਹੈ।
41275	961	ਇਕੋ ਦਾਤਾ ਮੰਗੀਐ ਸਭੁ ਕਿਛੁ ਪਲੈ ਪਾਇ॥	ਪੱਲੈ	Eiko Dhaathaa Mangeeai Sabh Kishh Palai Paae ||	Beg from the One Lord, the Great Giver, and you will be blessed with everything.	ਇਕ ਪ੍ਰਭੂ ਦਾਤੇ ਪਾਸੋਂ ਹੀ ਮੰਗਣਾ ਚਾਹੀਦਾ ਹੈ, ਹਰੇਕ ਚੀਜ਼ ਉਸੇ ਪਾਸੋਂ ਮਿਲਦੀ ਹੈ।
41276	961	ਮਨਿ ਤਨਿ ਸਾਸਿ ਗਿਰਾਸਿ ਪ੍ਰਭੁ ਇਕੋ ਇਕੁ ਧਿਆਇ॥		Man Than Saas Giraas Prabh Eiko Eik Dhiaae ||	In your mind and body, with each breath and morsel of food, meditate on the One and only Lord God.	ਮਨ ਦੀ ਰਾਹੀਂ ਸਰੀਰ ਦੀ ਰਾਹੀਂ ਸੁਆਸ ਸੁਆਸ ਖਾਂਦਿਆਂ ਪੀਂਦਿਆਂ ਇਕ ਪ੍ਰਭੂ ਨੂੰ ਹੀ ਸਿਮਰ।

41277	961	ਅੰਮ੍ਰਿਤੁ ਨਾਮੁ ਨਿਧਾਨੁ ਸਚੁ ਗੁਰਮੁਖਿ ਪਾਇਆ ਜਾਇ॥		Anmrith Naam Nidhhaan Sach Guramukh Paaeiaa Jaae ||	The Gurmukh obtains the true treasure, the Ambrosial Naam, the Name of the Lord.	ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਸਦਾ ਕਾਇਮ ਰਹਿਣ ਵਾਲਾ ਖ਼ਜ਼ਾਨਾ ਗੁਰੂ ਦੀ ਰਾਹੀਂ ਹੀ ਮਿਲਦਾ ਹੈ।
41278	961	ਵਡਭਾਗੀ ਤੇ ਸੰਤ ਜਨ ਜਿਨ ਮਨਿ ਵੁਠਾ ਆਇ॥	ਵੁੱਠਾ	Vaddabhaagee Thae Santh Jan Jin Man Vuthaa Aae ||	Very fortunate are those humble Saints, within whose minds the Lord has come to abide.	ਉਹ ਗੁਰਮੁਖਿ ਬੰਦੇ ਬੜੇ ਭਾਗਾਂ ਵਾਲੇ ਹਨ ਜਿਨ੍ਹਾਂ ਦੇ ਮਨ ਵਿਚ ਪ੍ਰਭੂ ਆ ਵੱਸਦਾ ਹੈ।
41279	961	ਜਲਿ ਥਲਿ ਮਹੀਅਲਿ ਰਵਿ ਰਹਿਆ ਦੂਜਾ ਕੋਈ ਨਾਹਿ॥		Jal Thhal Meheeal Rav Rehiaa Dhoojaa Koee Naahi ||	He is pervading and permeating the water, the land and the sky; there is no other at all.	ਪ੍ਰਭੂ ਜਲ ਵਿਚ ਧਰਤੀ ਵਿਚ ਆਕਾਸ਼ ਵਿਚ (ਹਰ ਥਾਂ) ਮੌਜੂਦ ਹੈ, ਉਸ ਤੋਂ ਬਿਨਾ (ਕਿਤੇ ਭੀ) ਕੋਈ ਹੋਰ ਨਹੀਂ ਹੈ।
41280	961	ਨਾਮੁ ਧਿਆਈ ਨਾਮੁ ਉਚਰਾ ਨਾਨਕ ਖਸਮ ਰਜਾਇ॥੨॥		Naam Dhhiaaee Naam Oucharaa Naanak Khasam Rajaae ||2||	Meditating on the Naam, and chanting the Naam, Nanak abides in the Will of his Lord and Master. ||2||	ਹੇ ਨਾਨਕ! (ਅਰਦਾਸ ਕਰ ਕਿ) ਮੈਂ ਵੀ ਉਸ ਪ੍ਰਭੂ ਦਾ ਨਾਮ ਸਿਮਰਾਂ, ਨਾਮ (ਮੂੰਹ ਨਾਲ) ਉਚਾਰਾਂ ਤੇ ਉਸ ਖਸਮ-ਪ੍ਰਭੂ ਦੀ ਰਜ਼ਾ ਵਿਚ ਰਹਾਂ ॥੨॥
41281	961	ਪਉੜੀ॥		Pourree ||	Pauree:	
41282	961	ਜਿਸ ਨੋ ਤੂ ਰਖਵਾਲਾ ਮਾਰੇ ਤਿਸੁ ਕਉਣੁ॥		Jis No Thoo Rakhavaalaa Maarae This Koun ||	One who has You as his Saving Grace - who can kill him?	(ਹੇ ਪ੍ਰਭੂ!) ਜਿਸ ਮਨੁੱਖ ਨੂੰ ਤੂੰ ਰਾਖਾ ਮਿਲਿਆ ਹੈਂ, ਉਸ ਨੂੰ ਕੋਈ (ਵਿਕਾਰ ਆਦਿਕ) ਮਾਰ ਨਹੀਂ ਸਕਦਾ,

41283	961	ਜਿਸ ਨੋ ਤੂ ਰਖਵਾਲਾ ਜਿਤਾ ਤਿਨੈ ਭੈਣੁ॥	ਭੈਣੁ=ਡਰ, ਭੈਣੁ ਚੌਰਾਸੀ ਦਾ ਗੇੜਾ, ਭਵਨ ਜਗਤ, ਜਿੱਤਾ	Jis No Thoo Rakhavaalaa Jithaa Thinai Bhain ||	One who has You as his Saving Grace conquers the three worlds.	ਕਿਉਂਕਿ ਜਿਸ ਮਨੁੱਖ ਨੂੰ ਤੂੰ ਰਾਖਾ ਮਿਲਿਆ ਹੈਂ, ਉਸ ਨੇ ਤਾਂ (ਸਾਰਾ) ਜਗਤ (ਹੀ) ਜਿੱਤ ਲਿਆ ਹੈ।
41284	961	ਜਿਸ ਨੋ ਤੇਰਾ ਅੰਗੁ ਤਿਸੁ ਮੁਖੁ ਉਜਲਾ॥		Jis No Thaeraa Ang This Mukh Oujalaa ||	One who has You on his side - his face is radiant and bright.	(ਹੇ ਪ੍ਰਭੂ!) ਜਿਸ ਨੂੰ ਤੇਰਾ ਆਸਰਾ ਪ੍ਰਾਪਤ ਹੈ ਉਹ (ਮਨੁੱਖਤਾ ਦੀ ਜ਼ਿੰਮੇਵਾਰੀ ਵਿਚ) ਸੁਰਖ਼ਰੂ ਹੋ ਗਿਆ ਹੈ,
41285	961	ਜਿਸ ਨੋ ਤੇਰਾ ਅੰਗੁ ਸੁ ਨਿਰਮਲੀ ਹੂੰ ਨਿਰਮਲਾ॥		Jis No Thaeraa Ang S Niramalee Hoon Niramalaa ||	One who has You on his side, is the purest of the Pure.	ਜਿਸ ਨੂੰ ਤੇਰਾ ਆਸਰਾ ਪ੍ਰਾਪਤ ਹੈ ਉਹ ਬੜੇ ਹੀ ਪਵਿਤ੍ਰ ਜੀਵਨ ਵਾਲਾ ਬਣ ਗਿਆ ਹੈ।
41286	961	ਜਿਸ ਨੋ ਤੇਰੀ ਨਦਰਿ ਨ ਲੇਖਾ ਪੁਛੀਐ॥		Jis No Thaeree Nadhar N Laekhaa Pushheeai ||	One who is blessed with Your Grace is not called to give his account.	(ਹੇ ਪ੍ਰਭੂ!) ਜਿਸ ਨੂੰ ਤੇਰੀ (ਮੇਹਰ ਦੀ) ਨਜ਼ਰ ਨਸੀਬ ਹੋਈ ਹੈ ਉਸ ਨੂੰ (ਜ਼ਿੰਦਗੀ ਵਿਚ ਕੀਤੇ ਕੰਮਾਂ ਦਾ) ਹਿਸਾਬ ਨਹੀਂ ਪੁੱਛਿਆ ਜਾਂਦਾ,
41287	961	ਜਿਸ ਨੋ ਤੇਰੀ ਖੁਸੀ ਤਿਨਿ ਨਉ ਨਿਧਿ ਭੁੰਚੀਐ॥		Jis No Thaeree Khusee Thin No Nidhh Bhuncheeai ||	One with whom You are pleased, obtains the nine treasures.	ਕਿਉਂਕਿ ਹੇ ਪ੍ਰਭੂ! ਜਿਸ ਨੂੰ ਤੇਰੀ ਖ਼ੁਸ਼ੀ ਪ੍ਰਾਪਤ ਹੋਈ ਹੈ ਉਸ ਨੇ ਤੇਰੇ ਨਾਮ-ਰੂਪ ਨੌ ਖ਼ਜ਼ਾਨੇ ਮਾਣ ਲਏ ਹਨ।
41288	961	ਜਿਸ ਨੋ ਤੂ ਪ੍ਰਭ ਵਲਿ ਤਿਸੁ ਕਿਆ ਮੁਹਛੰਦਗੀ॥	ਕਿਸੇ ਦੀ (ਮੁਹ-ਛੰਦਗੀ) ਮੁਹਤਾਜ਼ਗੀ	Jis No Thoo Prabh Val This Kiaa Muhashhandhagee ||	One who has You on his side, God - unto whom is he subservient?	ਹੇ ਪ੍ਰਭੂ! ਜਿਸ ਬੰਦੇ ਦੇ ਧੜੇ ਤੇ ਤੂੰ ਹੈਂ ਉਸ ਨੂੰ ਕਿਸੇ ਦੀ ਮੁਥਾਜੀ ਨਹੀਂ ਰਹਿੰਦੀ,

41289	961	ਜਿਸ ਨੋ ਤੇਰੀ ਮਿਹਰ ਸੁ ਤੇਰੀ ਬੰਦਿਗੀ॥੮॥		Jis No Thaeree Mihar S Thaeree Bandhigee ||8||	One who is blessed with Your Kind Mercy is dedicated to Your worship. ||8||	(ਕਿਉਂਕਿ) ਜਿਸ ਉਤੇ ਤੇਰੀ ਮੇਹਰ ਹੈ ਉਹ ਤੇਰੀ ਭਗਤੀ ਕਰਦਾ ਹੈ ॥੮॥
41290	961	ਸਲੋਕ ਮਹਲਾ ੫॥		Salok Mehalaa 5 ||	Shalok, Fifth Mehl:	
41291	961	ਹੋਹੁ ਕ੍ਰਿਪਾਲ ਸੁਆਮੀ ਮੇਰੇ ਸੰਤਾਂ ਸੰਗਿ ਵਿਹਾਵੇ॥		Hohu Kirapaal Suaamee Maerae Santhaan Sang Vihaavae ||	Be Merciful, O my Lord and Master, that I may pass my life in the Society of the Saints.	ਹੇ ਮੇਰੇ ਸੁਆਮੀ! ਮੇਰੇ ਉਤੇ ਦਇਆ ਕਰ, ਮੇਰੀ ਉਮਰ ਸੰਤਾਂ ਦੀ ਸੰਗਤ ਵਿਚ ਰਹਿ ਕੇ ਬੀਤੇ।
41292	961	ਤੁਧਹੁ ਭੁਲੇ ਸਿ ਜਮਿ ਜਮਿ ਮਰਦੇ ਤਿਨ ਕਦੇ ਨ ਚੁਕਨਿ ਹਾਵੇ॥੧॥	ਭੁੱਲੇ। ਜੰਮਿ ਜੰਮਿ। ਚੁੱਕਨਿ।	Thudhhahu Bhulae S Jam Jam Maradhae Thin Kadhae N Chukan Haavae ||1||	Those who forget You are born only to die and be reincarnated again; their sufferings will never end. ||1||	ਜੋ ਮਨੁੱਖ ਤੈਥੋਂ ਵਿੱਛੜ ਜਾਂਦੇ ਹਨ ਉਹ ਸਦਾ ਜੰਮਦੇ ਮਰਦੇ ਰਹਿੰਦੇ ਹਨ, ਉਹਨਾਂ ਦੇ ਹਾਹੁਕੇ ਕਦੇ ਮੁੱਕਦੇ ਨਹੀਂ ॥੧॥
41293	961	ਮਃ ੫॥		Ma 5 ||	Fifth Mehl:	
41294	961	ਸਤਿਗੁਰੁ ਸਿਮਰਹੁ ਆਪਣਾ ਘਟਿ ਅਵਘਟਿ ਘਟ ਘਾਟ॥		Sathigur Simarahu Aapanaa Ghatt Avaghatt Ghatt Ghaatt ||	Meditate in remembrance within your heart on the True Guru, whether you are on the most difficult path, on the mountain or by the river bank.	ਆਪਣੇ ਗੁਰੂ ਨੂੰ (ਆਪਣੇ) ਹਿਰਦੇ ਵਿਚ ਉੱਠਦਿਆਂ ਬੈਠਦਿਆਂ ਹਰ ਸਮੇ (ਹਰ ਥਾਂ) ਚੇਤੇ ਰੱਖੋ।

41295	961	ਹਰਿ ਹਰਿ ਨਾਮੁ ਜਪੰਤਿਆ ਕੋਇ ਨ ਬੰਧੈ ਵਾਟ॥੨॥		Har Har Naam Japanthiaa Koe N Bandhhai Vaatt ||2||	Chanting the Name of the Lord, Har, Har, no one shall block your way. ||2||	ਪਰਮਾਤਮਾ ਦਾ ਨਾਮ ਸਿਮਰਿਆਂ ਜ਼ਿੰਦਗੀ ਦੇ ਰਸਤੇ ਵਿਚ ਕੋਈ ਵਿਕਾਰ ਰੋਕ ਨਹੀਂ ਪਾ ਸਕਦਾ ॥੨॥
41296	961	ਪਉੜੀ॥		Pourree ||	Pauree:	
41297	962	ਤਿਥੈ ਤੂ ਸਮਰਥੁ ਜਿਥੈ ਕੋਇ ਨਾਹਿ॥		Thithhai Thoo Samarathh Jithhai Koe Naahi ||	Where You are, Almighty Lord, there is no one else.	(ਹੇ ਪ੍ਰਭੂ!) ਜਿੱਥੇ ਹੋਰ ਕੋਈ (ਜੀਵ ਸਹਾਇਤਾ ਕਰਨ ਜੋਗਾ) ਨਹੀਂ ਉਥੇ, ਹੇ ਪ੍ਰਭੂ! ਤੂੰ ਹੀ ਮਦਦ ਕਰਨ ਜੋਗਾ ਹੈਂ।
41298	962	ਓਥੈ ਤੇਰੀ ਰਖ ਅਗਨੀ ਉਦਰ ਮਾਹਿ॥		Outhhai Thaeree Rakh Aganee Oudhar Maahi ||	There, in the fire of the mother's womb, You protected us.	ਮਾਂ ਦੇ ਪੇਟ ਦੀ ਅੱਗ ਵਿਚ ਜੀਵ ਨੂੰ ਤੇਰਾ ਹੀ ਸਹਾਰਾ ਹੁੰਦਾ ਹੈ।
41299	962	ਸੁਣਿ ਕੈ ਜਮ ਕੇ ਦੂਤ ਨਾਇ ਤੇਰੈ ਛਡਿ ਜਾਹਿ॥		Sun Kai Jam Kae Dhooth Naae Thaerai Shhadd Jaahi ||	Hearing Your Name, the Messenger of Death runs away.	(ਹੇ ਪ੍ਰਭੂ! ਤੇਰਾ ਨਾਮ) ਸੁਣ ਕੇ ਜਮਦੂਤ (ਨੇੜੇ ਨਹੀਂ ਢੁਕਦੇ), ਤੇਰੇ ਨਾਮ ਦੀ ਬਰਕਤਿ ਨਾਲ (ਜੀਵ ਨੂੰ) ਛੱਡ ਕੇ ਚਲੇ ਜਾਂਦੇ ਹਨ।
41300	962	ਭਉਜਲੁ ਬਿਖਮੁ ਅਸਗਾਹੁ ਗੁਰ ਸਬਦੀ ਪਾਰਿ ਪਾਹਿ॥		Bhoujal Bikham Asagaahu Gur Sabadhee Paar Paahi ||	The terrifying, treacherous, impassible world-ocean is crossed over, through the Word of the Guru's Shabad.	ਇਸ ਔਖੇ ਤੇ ਅਥਾਹ ਸੰਸਾਰ-ਸਮੁੰਦਰ ਨੂੰ ਜੀਵ ਗੁਰੂ ਦੇ ਸ਼ਬਦ (ਦੀ ਸਹਾਇਤਾ) ਨਾਲ ਪਾਰ ਕਰ ਲੈਂਦੇ ਹਨ।

41301	962	ਜਿਨ ਕਉ ਲਗੀ ਪਿਆਸ ਅੰਮ੍ਰਿਤੁ ਸੇਇ ਖਾਹਿ॥		Jin Ko Lagee Piaas Anmrith Saee Khaahi ||	Those who feel thirst for You, take in Your Ambrosial Nectar.	ਪਰ ਉਹੀ ਬੰਦੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਛਕਦੇ ਹਨ ਜਿਨ੍ਹਾਂ ਦੇ ਅੰਦਰ ਇਸ ਦੀ ਭੁੱਖ-ਪਿਆਸ ਪੈਦਾ ਹੋਈ ਹੈ।
41302	962	ਕਲਿ ਮਹਿ ਏਹੋ ਪੁੰਨੁ ਗੁਣ ਗੋਵਿੰਦ ਗਾਹਿ॥		Kal Mehi Eaeho Punn Gun Govindh Gaahi ||	This is the only act of goodness in this Dark Age of Kali Yuga, to sing the Glorious Praises of the Lord of the Universe.	ਜੇਹੜੇ ਸੰਸਾਰ ਵਿਚ ਨਾਮ-ਸਿਮਰਨ ਨੂੰ ਹੀ ਸਭ ਤੋਂ ਚੰਗਾ ਨੇਕ ਕੰਮ ਜਾਣ ਕੇ ਪ੍ਰਭੂ ਦੇ ਗੁਣ ਗਾਂਦੇ ਹਨ।
41303	962	ਸਭਸੈ ਨੋ ਕਿਰਪਾਲੁ ਸਮ੍ਹਾਲੇ ਸਾਹਿ ਸਾਹਿ॥		Sabhasai No Kirapaal Samhaalae Saahi Saahi ||	He is Merciful to all; He sustains us with each and every breath.	ਕਿਰਪਾਲ ਪ੍ਰਭੂ ਹਰੇਕ ਜੀਵ ਦੀ ਸੁਆਸ ਸੁਆਸ ਸੰਭਾਲ ਕਰਦਾ ਹੈ।
41304	962	ਬਿਰਥਾ ਕੋਇ ਨ ਜਾਇ ਜਿ ਆਵੈ ਤੁਧੁ ਆਹਿ॥੯॥		Birathhaa Koe N Jaae J Aavai Thudhh Aahi ||9||	Those who come to You with love and faith are never turned away empty-handed. ||9||	ਹੇ ਪ੍ਰਭੂ! ਜਿਹੜਾ ਜੀਵ ਤੇਰੀ ਸਰਨ ਆਉਂਦਾ ਹੈ ਉਹ (ਤੇਰੇ ਦਰ ਤੋਂ) ਖ਼ਾਲੀ ਨਹੀਂ ਜਾਂਦਾ ॥੯॥
41305	962	ਸਲੋਕ ਮਃ ੫॥		Salok Ma 5 ||	Shalok, Fifth Mehl:	
41306	962	ਦੂਜਾ ਤਿਸੁ ਨ ਬੁਝਾਇਹੁ ਪਾਰਬ੍ਰਹਮ ਨਾਮੁ ਦੇਹੁ ਆਧਾਰੁ॥	ਜਿਨ੍ਹਾਂ ਨੂੰ ਨਾਮ ਦਾ (ਆਧਾਰੁ) ਆਸਰਾ ਦਿੰਦੇ ਹੋਂ, ਉਨ੍ਹਾਂ ਨੂੰ ਦੂਜਾ ਦਵੈਤ ਨਹੀਂ (ਬੁੱਝਾਇਹੁ) ਸਮਝਾਉਂਦੇ	Dhoojaa This N Bujhaaeihu Paarabreham Naam Dhaehu Aadhhaar ||	Those whom You bless with the Support of Your Name, O Supreme Lord God, do not know any other.	ਹੇ ਪਾਰਬ੍ਰਹਮ! ਜਿਸ ਮਨੁੱਖ ਨੂੰ ਤੂੰ ਆਪਣਾ ਨਾਮ ਆਸਰਾ ਦੇਂਦਾ ਹੈਂ, ਉਸ ਨੂੰ ਤੂੰ ਕੋਈ ਹੋਰ ਆਸਰਾ ਨਹੀਂ ਸੁਝਾਉਂਦਾ।

41307	962	ਅਗਮੁ ਅਗੋਚਰੁ ਸਾਹਿਬੋ ਸਮਰਥੁ ਸਚੁ ਦਾਤਾਰੁ॥		Agam Agochar Saahibo Samarathh Sach Dhaathaar ||	Inaccessible, Unfathomable Lord and Master, All-powerful True Great Giver:	ਤੂੰ ਅਪਹੁੰਚ ਹੈਂ; ਇੰਦ੍ਰਿਆਂ ਦੀ ਦੌੜ ਤੋਂ ਪਰੇ ਹੈਂ, ਤੂੰ ਹਰੇਕ ਸੱਤਿਆ ਵਾਲਾ ਮਾਲਕ ਹੈਂ।
41308	962	ਤੂ ਨਿਹਚਲੁ ਨਿਰਵੈਰੁ ਸਚੁ ਸਚਾ ਤੁਧੁ ਦਰਬਾਰੁ॥		Thoo Nihachal Niravair Sach Sachaa Thudhh Dharabaar ||	You are eternal and unchanging, without vengeance and True; True is the Darbaar of Your Court.	ਤੂੰ ਸਦਾ-ਥਿਰ ਰਹਿਣ ਵਾਲਾ ਦਾਤਾ ਹੈਂ, ਤੂੰ ਅਟੱਲ ਹੈਂ, ਤੇਰਾ ਕਿਸੇ ਨਾਲ ਵੈਰ ਨਹੀਂ, ਤੇਰਾ ਦਰਬਾਰ ਸਦਾ ਕਾਇਮ ਰਹਿਣ ਵਾਲਾ ਹੈ।
41309	962	ਕੀਮਤਿ ਕਹਣੁ ਨ ਜਾਈਐ ਅੰਤੁ ਨ ਪਾਰਾਵਾਰੁ॥		Keemath Kehan N Jaaeeai Anth N Paaraavaar ||	Your worth cannot be described; You have no end or limitation.	ਤੇਰਾ ਅੰਤ ਨਹੀਂ ਪੈ ਸਕਦਾ, ਤੇਰਾ ਹੱਦ-ਬੰਨਾ ਨਹੀਂ ਲੱਭ ਸਕਦਾ, ਤੇਰਾ ਮੁੱਲ ਨਹੀਂ ਪੈ ਸਕਦਾ।
41310	962	ਪ੍ਰਭੁ ਛੋਡਿ ਹੋਰੁ ਜਿ ਮੰਗਣਾ ਸਭੁ ਬਿਖਿਆ ਰਸ ਛਾਰੁ॥		Prabh Shhodd Hor J Manganaa Sabh Bikhiaa Ras Shhaar ||	To forsake God, and ask for something else, is all corruption and ashes.	ਪਰਮਾਤਮਾ ਨੂੰ ਵਿਸਾਰ ਕੇ ਹੋਰ ਹੋਰ ਚੀਜ਼ਾਂ ਮੰਗਣੀਆਂ-ਇਹ ਸਭ ਮਾਇਆ ਦੇ ਚਸਕੇ ਹਨ ਤੇ ਸੁਆਹ-ਤੁੱਲ ਹਨ।
41311	962	ਸੇ ਸੁਖੀਏ ਸਚੁ ਸਾਹ ਸੇ ਜਿਨ ਸਚਾ ਬਿਉਹਾਰੁ॥		Sae Sukheeeae Sach Saah Sae Jin Sachaa Biouhaar ||	They alone find peace, and they are the true kings, whose dealings are true.	(ਅਸਲ ਵਿਚ) ਉਹੀ ਬੰਦੇ ਸੁਖੀ ਹਨ, ਉਹੀ ਸਦਾ ਕਾਇਮ ਰਹਿਣ ਵਾਲੇ ਸ਼ਾਹ ਹਨ ਜਿਨ੍ਹਾਂ ਨੇ ਸਦਾ-ਥਿਰ ਰਹਿਣ ਵਾਲਾ ਨਾਮ ਦਾ ਵਪਾਰ ਕੀਤਾ ਹੈ।

41312	962	ਜਿਨਾ ਲਗੀ ਪ੍ਰੀਤਿ ਪ੍ਰਭ ਨਾਮ ਸਹਜ ਸੁਖ ਸਾਰੁ॥		Jinaa Lagee Preeth Prabh Naam Sehaj Sukh Saar ||	Those who are in love with God's Name, intuitively enjoy the essence of peace.	ਜਿਨ੍ਹਾਂ ਬੰਦਿਆਂ ਦੀ ਪ੍ਰੀਤ ਪ੍ਰਭੂ ਦੇ ਨਾਮ ਨਾਲ ਬਣੀ ਹੈ ਉਹਨਾਂ ਨੂੰ ਆਤਮਕ ਅਡੋਲਤਾ ਦਾ ਸ੍ਰੇਸ਼ਟ ਸੁਖ ਨਸੀਬ ਹੈ।
41313	962	ਨਾਨਕ ਇਕੁ ਆਰਾਧੇ ਸੰਤਨ ਰੇਣਾਰੁ॥੧॥		Naanak Eik Aaraadhhae Santhan Raenaar ||1||	Nanak worships and adores the One Lord; he seeks the dust of the Saints. ||1||	ਹੇ ਨਾਨਕ! ਉਹ ਮਨੁੱਖ ਗੁਰਮੁਖਾਂ ਦੇ ਚਰਨਾਂ ਦੀ ਧੂੜ ਵਿਚ ਰਹਿ ਕੇ ਇਕ ਪ੍ਰਭੂ ਨੂੰ ਅਰਾਧਦੇ ਹਨ ॥੧॥
41314	962	ਮਃ ੫॥		Ma 5 ||	Fifth Mehl:	
41315	962	ਅਨਦ ਸੂਖ ਬਿਸ੍ਰਾਮ ਨਿਤ ਹਰਿ ਕਾ ਕੀਰਤਨੁ ਗਾਇ॥		Anadh Sookh Bisraam Nith Har Kaa Keerathan Gaae ||	Singing the Kirtan of the Lord's Praises bliss peace and rest are obtained.	ਪ੍ਰਭੂ ਦੀ ਸਿਫ਼ਤ-ਸਾਲਾਹ ਕੀਤਿਆਂ ਸਦਾ ਅਨੰਦ ਸਦਾ ਸੁਖ ਤੇ ਸਦਾ ਸ਼ਾਂਤੀ ਬਣੀ ਰਹਿੰਦੀ ਹੈ।
41316	962	ਅਵਰ ਸਿਆਣਪ ਛਾਡਿ ਦੇਹਿ ਨਾਨਕ ਉਧਰਸਿ ਨਾਇ॥੨॥	ਦੂਜਿਆਂ ਨੂੰ ਔਗੁਣਾਂ ਤੋਂ (ਉ-ਧਰਸਿ) ਉਧਾਰੀਦਾ ਹੈ	Avar Siaanap Shhaadd Dhaehi Naanak Oudhharas Naae ||2||	Forsake other clever tricks, O Nanak; only through the Name will you be saved. ||2||	ਹੇ ਨਾਨਕ! ਹੋਰ ਚਤੁਰਾਈਆਂ ਛੱਡ ਦੇਹ, ਨਾਮ ਦੀ ਬਰਕਤਿ ਨਾਲ (ਸੰਸਾਰ-ਸਮੁੰਦਰ ਤੋਂ) ਤਰ ਜਾਹਿਂਗਾ ॥੨॥
41317	962	ਪਉੜੀ॥		Pourree ||	Pauree:	
41318	962	ਨਾ ਤੂ ਆਵਹਿ ਵਸਿ ਬਹੁਤੁ ਘਿਣਾਵਣੇ॥	ਵੱਸਿ	Naa Thoo Aavehi Vas Bahuth Ghinaavanae ||	No one can bring You under control, by despising the world.	ਹੇ ਪ੍ਰਭੂ! ਬਹੁਤੇ ਵਿਖਾਵੇ ਦੇ ਤਰਲੇ ਲਿਆਂ ਤੂੰ ਕਿਸੇ ਜੀਵ ਦੇ ਵੱਸ ਵਿਚ ਨਹੀਂ ਆਉਂਦਾ,

41319	962	ਨਾ ਤੂ ਆਵਹि ਵਸि ਬੇਦ ਪੜਾਵਣੇ॥		Naa Thoo Aavehi Vas Baedh Parraavanae ||	No one can bring You under control, by studying the Vedas.	ਵੇਦ ਪੜ੍ਹਨ ਪੜ੍ਹਾਉਣ ਨਾਲ ਤੂੰ ਕਿਸੇ ਜੀਵ ਦੇ ਵੱਸ ਵਿਚ ਨਹੀਂ ਆਉਂਦਾ,
41320	962	ਨਾ ਤੂ ਆਵਹि ਵਸि ਤੀਰਥि ਨਾਈਐ॥	ਨ੍ਹਾਈਐ	Naa Thoo Aavehi Vas Theerathh Naaeeai ||	No one can bring You under control, by bathing at the holy places.	ਤੀਰਥ ਉਤੇ ਇਸ਼ਨਾਨ ਕਰਨ ਨਾਲ ਤੂੰ ਕਿਸੇ ਜੀਵ ਦੇ ਵੱਸ ਵਿਚ ਨਹੀਂ ਆਉਂਦਾ,
41321	962	ਨਾ ਤੂ ਆਵਹि ਵਸि ਧਰਤੀ ਧਾਈਐ॥		Naa Thoo Aavehi Vas Dhharathee Dhhaaeeai ||	No one can bring You under control, by wandering all over the world.	(ਰਮਤੇ ਸਾਧੂਆਂ ਵਾਂਗ) ਸਾਰੀ ਧਰਤੀ ਗਾਹਣ ਨਾਲ, ਤੂੰ ਕਿਸੇ ਜੀਵ ਦੇ ਵੱਸ ਵਿਚ ਨਹੀਂ ਆਉਂਦਾ,
41322	962	ਨਾ ਤੂ ਆਵਹि ਵਸि ਕਿਤੈ ਸਿਆਣਪੈ॥		Naa Thoo Aavehi Vas Kithai Siaanapai ||	No one can bring You under control, by any clever tricks.	ਕਿਸੇ ਚਤੁਰਾਈ-ਸਿਆਣਪ ਨਾਲ ਤੂੰ ਕਿਸੇ ਜੀਵ ਦੇ ਵੱਸ ਵਿਚ ਨਹੀਂ ਆਉਂਦਾ,
41323	962	ਨਾ ਤੂ ਆਵਹि ਵਸि ਬਹੁਤਾ ਦਾਨੁ ਦੇ॥		Naa Thoo Aavehi Vas Bahuthaa Dhaan Dhae ||	No one can bring You under control, by giving huge donations to charities.	ਬਹੁਤਾ ਦਾਨ ਦੇਣ ਨਾਲ, ਤੂੰ ਕਿਸੇ ਜੀਵ ਦੇ ਵੱਸ ਵਿਚ ਨਹੀਂ ਆਉਂਦਾ (ਕਿਸੇ ਉਤੇ ਰੀਝਦਾ ਨਹੀਂ)।
41324	962	ਸਭੁ ਕੋ ਤੇਰै ਵਸि ਅਗਮ ਅਗੋਚਰਾ॥		Sabh Ko Thaerai Vas Agam Agocharaa ||	Everyone is under Your power, O inaccessible, unfathomable Lord.	ਹੇ ਅਪਹੁੰਚ ਤੇ ਅਗੋਚਰ ਪ੍ਰਭੂ! ਹਰੇਕ ਜੀਵ ਤੇਰੇ ਅਧੀਨ ਹੈ (ਇਹਨਾਂ ਵਿਖਾਵੇ ਦੇ ਉੱਦਮਾਂ ਨਾਲ ਕੋਈ ਜੀਵ ਤੇਰੀ ਪ੍ਰਸੰਨਤਾ ਪ੍ਰਾਪਤ ਨਹੀਂ ਕਰ ਸਕਦਾ)।

41325	962	ਤੂ ਭਗਤਾ ਕੈ ਵਸਿ ਭਗਤਾ ਤਾਣੁ ਤੇਰਾ॥੧੦॥		Thoo Bhagathaa Kai Vas Bhagathaa Thaan Thaeraa ||10||	You are under the control of Your devotees; You are the strength of Your devotees. ||10||	ਤੂੰ ਸਿਰਫ਼ ਉਹਨਾਂ ਉਤੇ ਰੀਝਦਾ ਹੈਂ ਜੋ ਸਦਾ ਤੇਰਾ ਸਿਮਰਨ ਕਰਦੇ ਹਨ, (ਕਿਉਂਕਿ) ਤੇਰਾ ਭਜਨ-ਸਿਮਰਨ ਕਰਨ ਵਾਲਿਆਂ ਨੂੰ (ਸਿਰਫ਼) ਤੇਰਾ ਆਸਰਾ-ਪਰਨਾ ਹੁੰਦਾ ਹੈ ॥੧੦॥
41326	962	ਸਲੋਕ ਮਃ ੫॥		Salok Ma 5 ||	Shalok, Fifth Mehl:	
41327	962	ਆਪੇ ਵੈਦੁ ਆਪਿ ਨਾਰਾਇਣੁ॥		Aapae Vaidh Aap Naaraaein ||	The Lord Himself is the true physician.	ਪਰਮਾਤਮਾ ਆਪ ਹੀ (ਆਤਮਾ ਦੇ ਰੋਗ ਹਟਾਣ ਵਾਲਾ) ਹਕੀਮ ਹੈ,
41328	962	ਏਹਿ ਵੈਦ ਜੀਅ ਕਾ ਦੁਖੁ ਲਾਇਣ॥		Eaehi Vaidh Jeea Kaa Dhukh Laaein ||	These physicians of the world only burden the soul with pain.	ਇਹ (ਦੁਨੀਆ ਵਾਲੇ) ਹਕੀਮ (ਪਖੰਡੀ ਧਰਮ-ਆਗੂ) ਆਤਮਾ ਨੂੰ ਸਗੋਂ ਦੁੱਖ ਚੰਬੋੜਦੇ ਹਨ;
41329	962	ਗੁਰ ਕਾ ਸਬਦੁ ਅੰਮ੍ਰਿਤ ਰਸੁ ਖਾਇਣ॥		Gur Kaa Sabadh Anmrith Ras Khaaein ||	The Word of the Guru's Shabad is Ambrosial Nectar; it is so delicious to eat.	(ਆਤਮਾ ਦੇ ਰੋਗ ਕੱਟਣ ਲਈ) ਖਾਣ-ਜੋਗੀ ਚੀਜ਼ ਸਤਿਗੁਰੂ ਦਾ ਸ਼ਬਦ ਹੈ (ਜਿਸ ਵਿਚੋਂ) ਅੰਮ੍ਰਿਤ ਦਾ ਸੁਆਦ (ਆਉਂਦਾ ਹੈ)।
41330	962	ਨਾਨਕ ਜਿਸੁ ਮਨਿ ਵਸੈ ਤਿਸ ਕੇ ਸਭਿ ਦੂਖ ਮਿਟਾਇਣ॥੧॥		Naanak Jis Man Vasai This Kae Sabh Dhookh Mittaaein ||1||	O Nanak, one whose mind is filled with this Nectar - all his pains are dispelled. ||1||	ਹੇ ਨਾਨਕ! ਜਿਸ ਮਨੁੱਖ ਦੇ ਮਨ ਵਿਚ (ਗੁਰੂ ਦਾ ਸ਼ਬਦ) ਵੱਸਦਾ ਹੈ ਉਸ ਦੇ ਸਾਰੇ ਦੁੱਖ ਮਿਟ ਜਾਂਦੇ ਹਨ ॥੧॥
41331	962	ਮਃ ੫॥		Ma 5 ||	Fifth Mehl:	

41332	962	ਹੁਕਮਿ ਉਛਲੈ ਹੁਕਮੇ ਰਹੈ॥	ਮਨ ਸਮੁੰਦ੍ਰ (ਉੱਛਲੈ) ਉਛਾਲਾ ਮਾਰਦਾ ਹੈ	Hukam Oushhalai Hukamae Rehai ||	By the Hukam of Lord's Command they move about; by the Lord's Command they remain still.	ਪ੍ਰਭੂ ਦੇ ਹੁਕਮ ਅਨੁਸਾਰ ਜੀਵ ਭਟਕਦਾ ਹੈ, ਹੁਕਮ ਅਨੁਸਾਰ ਹੀ ਟਿਕਿਆ ਰਹਿੰਦਾ ਹੈ।
41333	962	ਹੁਕਮੇ ਦੁਖੁ ਸੁਖੁ ਸਮ ਕਰਿ ਸਹੈ॥		Hukamae Dhukh Sukh Sam Kar Sehai ||	By His Hukam, they endure pain and pleasure alike.	ਪ੍ਰਭੂ ਦੇ ਹੁਕਮ ਵਿਚ ਹੀ ਜੀਵ ਦੁੱਖ ਸੁਖ ਨੂੰ ਇਕੋ ਜਿਹਾ ਜਾਣ ਕੇ ਸਹਾਰਦਾ ਹੈ,
41334	962	ਹੁਕਮੇ ਨਾਮੁ ਜਪੈ ਦਿਨੁ ਰਾਤਿ॥		Hukamae Naam Japai Dhin Raath ||	By His Hukam, they chant the Naam, the Name of the Lord, day and night.	ਉਹ ਮਨੁੱਖ ਉਸ ਦੇ ਹੁਕਮ ਵਿਚ ਹੀ ਦਿਨ ਰਾਤ ਉਸ ਦਾ ਨਾਮ ਜਪਦਾ ਹੈ,
41335	962	ਨਾਨਕ ਜਿਸ ਨੋ ਹੋਵੈ ਦਾਤਿ॥		Naanak Jis No Hovai Dhaath ||	O Nanak, he alone does so, who is blessed.	ਹੇ ਨਾਨਕ! ਜਿਸ ਮਨੁੱਖ ਉੱਤੇ ਪ੍ਰਭੂ ਬਖ਼ਸ਼ਸ਼ ਕਰਦਾ ਹੈ।
41336	962	ਹੁਕਮਿ ਮਰੈ ਹੁਕਮੇ ਹੀ ਜੀਵੈ॥		Hukam Marai Hukamae Hee Jeevai ||	By the Hukam of the Lord's Command, they die; by the Hukam of His Command, they live.	ਪ੍ਰਭੂ ਦੇ ਹੁਕਮ ਵਿਚ ਜੀਵ ਮਰਦਾ ਹੈ, ਹੁਕਮ ਵਿਚ ਹੀ ਜਿਊਂਦਾ ਹੈ,
41337	962	ਹੁਕਮੇ ਨਾਨ੍ਹਾ ਵਡਾ ਥੀਵੈ॥		Hukamae Naanhaa Vaddaa Thheevai ||	By His Hukam, they become tiny, and huge.	ਹੁਕਮ ਵਿਚ ਹੀ (ਪਹਿਲਾਂ) ਨਿੱਕਾ ਜਿਹਾ (ਤੇ ਫਿਰ) ਵੱਡਾ ਹੋ ਜਾਂਦਾ ਹੈ।
41338	962	ਹੁਕਮੇ ਸੋਗ ਹਰਖ ਆਨੰਦ॥		Hukamae Sog Harakh Aanandh ||	By His Hukam, they receive pain, happiness and bliss.	ਹੁਕਮ ਵਿਚ ਹੀ (ਜੀਵ ਨੂੰ) ਚਿੰਤਾ ਤੇ ਖ਼ੁਸ਼ੀ ਆਨੰਦ ਵਾਪਰਦੇ ਹਨ,

41339	962	ਹੁਕਮੇ ਜਪੈ ਨਿਰੋਧਰ ਗੁਰ ਮੰਤ॥	(ਨਿਰੋਧਰ) ਨਿਰਾ ਉਧਾਰ ਕਰਨ ਵਾਲਾ ਵਾ ਮਨ ਨੂੰ ਰੋਕਣ ਵਾਲਾ	Hukamae Japai Nirodhhar Guramanth ||	By His Hukam, they chant the Guru's Mantra, which always works.	ਪ੍ਰਭੂ ਦੇ ਹੁਕਮ ਵਿਚ ਹੀ (ਕੋਈ ਜੀਵ) ਗੁਰੂ ਦਾ ਸ਼ਬਦ ਜਪਦਾ ਹੈ ਜੋ ਵਿਕਾਰਾਂ ਨੂੰ ਦੂਰ ਕਰਨ ਦੇ ਸਮਰਥ ਹੈ।
41340	962	ਹੁਕਮੇ ਆਵਣੁ ਜਾਣੁ ਰਹਾਏ॥		Hukamae Aavan Jaan Rehaaeae ||	By His Hukam, coming and going in reincarnation cease,	ਉਸ ਮਨੁੱਖ ਦਾ ਜੰਮਣਾ ਮਰਨਾ ਭੀ ਪ੍ਰਭੂ ਆਪਣੇ ਹੁਕਮ ਅਨੁਸਾਰ ਹੀ ਰੋਕਦਾ ਹੈ,
41341	962	ਨਾਨਕ ਜਾ ਕਉ ਭਗਤੀ ਲਾਏ॥੨॥		Naanak Jaa Ko Bhagathee Laaeae ||2||	O Nanak, when He links them to His devotional worship. ||2||	ਹੇ ਨਾਨਕ! ਜਿਸ ਮਨੁੱਖ ਨੂੰ ਪ੍ਰਭੂ ਆਪਣੀ ਭਗਤੀ ਵਿਚ ਜੋੜਦਾ ਹੈ ॥੨॥
41342	962	ਪਉੜੀ॥		Pourree ||	Pauree:	
41343	962	ਹਉ ਤਿਸੁ ਢਾਢੀ ਕੁਰਬਾਣੁ ਜਿ ਤੇਰਾ ਸੇਵਦਾਰੁ॥		Ho This Dtaadtee Kurabaan J Thaeraa Saevadhaar ||	I am a sacrifice to that musician who is Your servant, O Lord.	ਹੇ ਪ੍ਰਭੂ! ਮੈਂ ਉਸ ਢਾਢੀ ਤੋਂ ਸਦਕੇ ਜਾਂਦਾ ਹਾਂ ਜੋ ਤੇਰੀ ਸੇਵਾ-ਭਗਤੀ ਕਰਦਾ ਹੈ।
41344	962	ਹਉ ਤਿਸੁ ਢਾਢੀ ਬਲਿਹਾਰ ਜਿ ਗਾਵੈ ਗੁਣ ਅਪਾਰ॥		Ho This Dtaadtee Balihaar J Gaavai Gun Apaar ||	I am a sacrifice to that musician who sings the Glorious Praises of the Infinite Lord.	ਮੈਂ ਉਸ ਢਾਢੀ ਤੋਂ ਵਾਰਨੇ ਜਾਂਦਾ ਹਾਂ ਜੋ ਤੇਰੇ ਬੇਅੰਤ ਗੁਣ ਗਾਂਦਾ ਹੈ।
41345	962	ਸੋ ਢਾਢੀ ਧਨੁ ਧੰਨੁ ਜਿਸੁ ਲੋੜੇ ਨਿਰੰਕਾਰੁ॥		So Dtaadtee Dhhan Dhhann Jis Lorrae Nirankaar ||	Blessed, blessed is that musician, for whom the Formless Lord Himself longs.	ਭਾਗਾਂ ਵਾਲਾ ਹੈ ਉਹ ਢਾਢੀ, ਜਿਸ ਨੂੰ ਅਕਾਲ ਪੁਰਖ ਆਪ ਚਾਹੁੰਦਾ ਹੈ।

41346	962	ਸੋ ਢਾਢੀ ਭਾਗਠੁ ਜਿਸੁ ਸਚਾ ਦੁਆਰਬਾਰੁ॥	(ਦੁਆਰ-ਬਾਰੁ) ਨਿਰਗੁਨ ਸਰੂਪ, ਸਾਧਸੰਗਤਿ	So Dtaadtee Bhaagath Jis Sachaa Dhuaar Baar ||	Very fortunate is that musician who comes to the gate of the Court of the True Lord.	ਮੁਬਾਰਿਕ ਹੈ ਉਹ ਢਾਢੀ, ਜਿਸ ਨੂੰ ਪ੍ਰਭੂ ਦਾ ਸੱਚਾ ਦਰ ਪ੍ਰਾਪਤ ਹੈ।
41347	962	ਓਹੁ ਢਾਢੀ ਤੁਧੁ ਧਿਆਇ ਕਲਾਣੇ ਦਿਨੁ ਰੈਣਾਰ॥	(ਕਲਾਣੇ) ਜਸ	Ouhu Dtaadtee Thudhh Dhhiaae Kalaanae Dhin Rainaar ||	That musician meditates on You, Lord, and praises You day and night.	ਹੇ ਪ੍ਰਭੂ! ਅਜੇਹਾ (ਸੁਭਾਗਾ) ਢਾਢੀ ਸਦਾ ਤੈਨੂੰ ਧਿਆਉਂਦਾ ਹੈ, ਦਿਨ ਰਾਤ ਤੇਰੇ ਗੁਣ ਗਾਂਦਾ ਹੈ,
41348	962	ਮੰਗੈ ਅੰਮ੍ਰਿਤ ਨਾਮੁ ਨ ਆਵੈ ਕਦੇ ਹਾਰਿ॥		Mangai Anmrith Naam N Aavai Kadhae Haar ||	He begs for the Ambrosial Naam, the Name of the Lord, and will never be defeated.	ਤੈਥੋਂ ਤੇਰਾ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਮੰਗਦਾ ਹੈ। ਉਹ ਢਾਢੀ ਮਨੁੱਖਾ ਜਨਮ ਦੀ ਬਾਜ਼ੀ ਹਾਰ ਕੇ ਤੇਰੇ ਪਾਸ ਨਹੀਂ ਆਉਂਦਾ (ਜਿੱਤ ਕੇ ਹੀ ਆਉਂਦਾ ਹੈ)।
41349	962	ਕਪੜੁ ਭੋਜਨੁ ਸਚੁ ਰਹਦਾ ਲਿਵੈ ਧਾਰ॥		Kaparr Bhojan Sach Rehadhaa Livai Dhhaar ||	His clothes and his food are true, and he enshrines love for the Lord within.	ਹੇ ਪ੍ਰਭੂ! ਤੇਰਾ ਸਦਾ-ਥਿਰ ਨਾਮ ਹੀ (ਉਸ ਢਾਢੀ ਪਾਸ, ਪੜਦਾ ਕੱਜਣ ਲਈ) ਕੱਪੜਾ ਹੈ, ਤੇ (ਆਤਮਕ) ਖ਼ੁਰਾਕ ਹੈ, ਉਹ ਸਦਾ ਇਕ-ਰਸ ਤੇਰੀ ਯਾਦ ਵਿਚ ਜੁੜਿਆ ਰਹਿੰਦਾ ਹੈ।
41350	962	ਸੋ ਢਾਢੀ ਗੁਣਵੰਤੁ ਜਿਸ ਨੋ ਪ੍ਰਭ ਪਿਆਰੁ॥੧੧॥		So Dtaadtee Gunavanth Jis No Prabh Piaar ||11||	Praiseworthy is that musician who loves God. ||11||	(ਅਸਲ) ਗੁਣਵਾਨ ਉਹੀ ਢਾਢੀ ਹੈ ਜਿਸ ਨੂੰ ਪ੍ਰਭੂ ਦਾ ਪਿਆਰ ਹਾਸਲ ਹੈ ॥੧੧॥
41351	963	ਸਲੋਕ ਮਃ ੫॥		Salok Ma 5 ||	Shalok, Fifth Mehl:	

41352	963	ਅੰਮ੍ਰਿਤ ਬਾਣੀ ਅਮਿਉ ਰਸੁ ਅੰਮ੍ਰਿਤੁ ਹਰਿ ਕਾ ਨਾਉ॥		Anmrith Baanee Amio Ras Anmrith Har Kaa Naao ||	The Bani of the Guru's Word is Ambrosial Nectar; its taste is sweet. The Name of the Lord is Ambrosial Nectar.	ਪ੍ਰਭੂ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਜਲ ਹੈ, ਅੰਮ੍ਰਿਤ ਦਾ ਸੁਆਦ ਦੇਣ ਵਾਲਾ ਹੈ।
41353	963	ਮਨਿ ਤਨਿ ਹਿਰਦੈ ਸਿਮਰਿ ਹਰਿ ਆਠ ਪਹਰ ਗੁਣ ਗਾਉ॥		Man Than Hiradhai Simar Har Aath Pehar Gun Gaao ||	Meditate in remembrance on the Lord in your mind, body and heart; twenty-four hours a day, sing His Glorious Praises.	ਸਤਿਗੁਰੂ ਦੀ ਅੰਮ੍ਰਿਤ ਵਸਾਣ ਵਾਲੀ ਬਾਣੀ ਦੀ ਰਾਹੀਂ ਇਸ ਪ੍ਰਭੂ-ਨਾਮ ਨੂੰ ਮਨ ਵਿਚ, ਸਰੀਰ ਵਿਚ, ਹਿਰਦੇ ਵਿਚ ਸਿਮਰੋ ਤੇ ਅੱਠੇ ਪਹਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰੋ।
41354	963	ਉਪਦੇਸੁ ਸੁਣਹੁ ਤੁਮ ਗੁਰਸਿਖਹੁ ਸਚਾ ਇਹੈ ਸੁਆਉ॥		Oupadhaes Sunahu Thum Gurasikhahu Sachaa Eihai Suaao ||	Listen to these Teachings, O Sikhs of the Guru. This is the true purpose of life.	ਹੇ ਗੁਰ-ਸਿੱਖੋ! (ਸਿਫ਼ਤ-ਸਾਲਾਹ ਵਾਲਾ ਇਹ) ਉਪਦੇਸ਼ ਸੁਣੋ, ਜ਼ਿੰਦਗੀ ਦਾ ਅਸਲ ਮਨੋਰਥ ਇਹੀ ਹੈ।
41355	963	ਜਨਮੁ ਪਦਾਰਥੁ ਸਫਲੁ ਹੋਇ ਮਨ ਮਹਿ ਲਾਇਹੁ ਭਾਉ॥		Janam Padhaarathh Safal Hoe Man Mehi Laaeihu Bhaao ||	This priceless human life will be made fruitful; embrace love for the Lord in your mind.	ਮਨ ਵਿਚ (ਪ੍ਰਭੂ ਦਾ) ਪਿਆਰ ਟਿਕਾਓ, ਇਹ ਮਨੁੱਖਾ ਜੀਵਨ-ਰੂਪ ਕੀਮਤੀ ਦਾਤ ਸਫਲ ਹੋ ਜਾਇਗੀ।

41356	963	ਸੂਖ ਸਹਜ ਆਨਦੁ ਘਣਾ ਪ੍ਰਭ ਜਪਤਿਆ ਦੁਖੁ ਜਾਇ॥		Sookh Sehaj Aanadh Ghanaa Prabh Japathiaa Dhukh Jaae ||	Celestial peace and absolute bliss come when one meditates on God - suffering is dispelled.	ਪ੍ਰਭੂ ਦਾ ਸਿਮਰਨ ਕੀਤਿਆਂ ਦੁੱਖ ਦੂਰ ਹੋ ਜਾਂਦਾ ਹੈ, ਸੁਖ, ਆਤਮਕ ਅਡੋਲਤਾ ਤੇ ਬੇਅੰਤ ਖ਼ੁਸ਼ੀ ਪ੍ਰਾਪਤ ਹੁੰਦੀ ਹੈ।
41357	963	ਨਾਨਕ ਨਾਮੁ ਜਪਤ ਸੁਖੁ ਊਪਜੈ ਦਰਗਹ ਪਾਈਐ ਥਾਉ॥੧॥		Naanak Naam Japath Sukh Oopajai Dharageh Paaeeai Thhaao ||1||	O Nanak, chanting the Naam, the Name of the Lord, peace wells up, and one obtains a place in the Court of the Lord. ||1||	ਹੇ ਨਾਨਕ! ਪ੍ਰਭੂ ਦਾ ਨਾਮ ਜਪਿਆਂ (ਇਸ ਲੋਕ ਵਿਚ) ਸੁਖ ਪੈਦਾ ਹੁੰਦਾ ਹੈ ਤੇ ਪ੍ਰਭੂ ਦੀ ਹਜ਼ੂਰੀ ਵਿਚ ਥਾਂ ਮਿਲਦੀ ਹੈ ॥੧॥
41358	963	ਮਃ ੫॥		Ma 5 ||	Fifth Mehl:	
41359	963	ਨਾਨਕ ਨਾਮੁ ਧਿਆਈਐ ਗੁਰੁ ਪੂਰਾ ਮਤਿ ਦੇਇ॥		Naanak Naam Dhhiaaeeai Gur Pooraa Math Dhaee ||	O Nanak, meditate on the Naam, the Name of the Lord; this is the Teaching imparted by the Perfect Guru.	ਹੇ ਨਾਨਕ! ਪੂਰਾ ਗੁਰੂ (ਤਾਂ ਇਹ) ਮੱਤ ਦੇਂਦਾ ਹੈ ਕਿ ਪ੍ਰਭੂ ਦਾ ਨਾਮ ਸਿਮਰਨਾ ਚਾਹੀਦਾ ਹੈ;
41360	963	ਭਾਣੈ ਜਪ ਤਪ ਸੰਜਮੋ ਭਾਣੈ ਹੀ ਕਢਿ ਲੇਇ॥		Bhaanai Jap Thap Sanjamo Bhaanai Hee Kadt Laee ||	In the Lord's Will, they practice meditation, austerity and self-discipline; in the Lord's Will, they are released.	(ਪਰ ਉਂਞ) ਜਪ ਤਪ ਸੰਜਮ (ਆਦਿਕ ਕਰਮ-ਕਾਂਡ) ਪ੍ਰਭੂ ਦੀ ਰਜ਼ਾ ਵਿਚ ਹੀ ਹੋ ਰਹੇ ਹਨ, ਰਜ਼ਾ ਅਨੁਸਾਰ ਹੀ ਪ੍ਰਭੂ (ਇਸ ਕਰਮ ਕਾਂਡ ਵਿਚੋਂ ਜੀਵਾਂ ਨੂੰ) ਕੱਢ ਲੈਂਦਾ ਹੈ।

41361	963	ਭਾਣੈ ਜੋਨਿ ਭਵਾਈਐ ਭਾਣੈ ਬਖਸ ਕਰੇਇ॥		Bhaanai Jon Bhavaaeeai Bhaanai Bakhas Karaee ||	In the Lord's Will, they are made to wander in reincarnation; in the Lord's Will, they are forgiven.	ਪ੍ਰਭੂ ਦੀ ਰਜ਼ਾ ਅਨੁਸਾਰ ਹੀ ਜੀਵ ਜੂਨਾਂ ਵਿਚ ਭਟਕਦਾ ਹੈ, ਰਜ਼ਾ ਵਿਚ ਹੀ ਪ੍ਰਭੂ (ਜੀਵ ਉਤੇ) ਬਖ਼ਸ਼ਸ਼ ਕਰਦਾ ਹੈ।
41362	963	ਭਾਣੈ ਦੁਖੁ ਸੁਖੁ ਭੋਗੀਐ ਭਾਣੈ ਕਰਮ ਕਰੇਇ॥		Bhaanai Dhukh Sukh Bhogeeai Bhaanai Karam Karaee ||	In the Lord's Will, pain and pleasure are experienced; in the Lord's Will, actions are performed.	ਉਸ ਦੀ ਰਜ਼ਾ ਵਿਚ ਹੀ (ਜੀਵ ਨੂੰ) ਦੁੱਖ ਸੁਖ ਭੋਗਣਾ ਪੈਂਦਾ ਹੈ, ਆਪਣੀ ਰਜ਼ਾ ਅਨੁਸਾਰ ਹੀ ਪ੍ਰਭੂ (ਜੀਵਾਂ ਉਤੇ) ਮੇਹਰ ਕਰਦਾ ਹੈ।
41363	963	ਭਾਣੈ ਮਿਟੀ ਸਾਜਿ ਕੈ ਭਾਣੈ ਜੋਤਿ ਧਰੇਇ॥	ਮਿੱਟੀ, ਧਰੇ-ਇ	Bhaanai Mittee Saaj Kai Bhaanai Joth Dhharaee ||	In the Lord's Will, clay is fashioned into form; in the Lord's Will, His Light is infused into it.	ਪ੍ਰਭੂ ਆਪਣੀ ਰਜ਼ਾ ਵਿਚ ਹੀ ਸਰੀਰ ਬਣਾ ਕੇ (ਉਸ ਵਿਚ) ਜਿੰਦ ਪਾ ਦੇਂਦਾ ਹੈ,
41364	963	ਭਾਣੈ ਭੋਗ ਭੋਗਾਇਦਾ ਭਾਣੈ ਮਨਹਿ ਕਰੇਇ॥		Bhaanai Bhog Bhogaaeidhaa Bhaanai Manehi Karaee ||	In the Lord's Will, enjoyments are enjoyed; in the Lord's Will, these enjoyments are denied.	ਰਜ਼ਾ ਵਿਚ ਹੀ ਜੀਵਾਂ ਨੂੰ ਭੋਗਾਂ ਵਲ ਪ੍ਰੇਰਦਾ ਹੈ ਤੇ ਰਜ਼ਾ ਅਨੁਸਾਰ ਹੀ ਭੋਗਾਂ ਵਲੋਂ ਰੋਕਦਾ ਹੈ।
41365	963	ਭਾਣੈ ਨਰਕਿ ਸੁਰਗਿ ਅਉਤਾਰੇ ਭਾਣੈ ਧਰਣਿ ਪਰੇਇ॥	ਪਰੇ-ਇ	Bhaanai Narak Surag Aouthaarae Bhaanai Dhharan Paraee ||	In the Lord's Will, they are incarnated in heaven and hell; in the Lord's Will, they fall to the ground.	ਆਪਣੀ ਰਜ਼ਾ ਅਨੁਸਾਰ ਹੀ ਪ੍ਰਭੂ (ਕਿਸੇ ਨੂੰ) ਨਰਕ ਵਿਚ ਤੇ (ਕਿਸੇ ਨੂੰ) ਸੁਰਗ ਵਿਚ ਪਾਂਦਾ ਹੈ, ਪ੍ਰਭੂ ਦੀ ਰਜ਼ਾ ਵਿਚ ਹੀ ਜੀਵ ਦਾ ਨਾਸ ਹੋ ਜਾਂਦਾ ਹੈ।

41366	963	ਭਾਣੈ ਹੀ ਜਿਸੁ ਭਗਤੀ ਲਾਏ ਨਾਨਕ ਵਿਰਲੇ ਹੇ॥੨॥		Bhaanai Hee Jis Bhagathee Laaeae Naanak Viralae Hae ||2||	In the Lord's Will, they are committed to His devotional worship and Praise; O Nanak, how rare are these! ||2||	ਆਪਣੀ ਰਜ਼ਾ ਅਨੁਸਾਰ ਹੀ ਜਿਸ ਮਨੁੱਖ ਨੂੰ ਬੰਦਗੀ ਵਿਚ ਜੋੜਦਾ ਹੈ (ਉਹ ਮਨੁੱਖ ਬੰਦਗੀ ਕਰਦਾ ਹੈ, ਪਰ) ਹੇ ਨਾਨਕ! ਬੰਦਗੀ ਕਰਨ ਵਾਲੇ ਬੰਦੇ ਬਹੁਤ ਵਿਰਲੇ ਵਿਰਲੇ ਹਨ ॥੨॥
41367	963	ਪਉੜੀ॥		Pourree ||	Pauree:	
41368	963	ਵਡਿਆਈ ਸਚੇ ਨਾਮ ਕੀ ਹਉ ਜੀਵਾ ਸੁਣਿ ਸੁਣੇ॥		Vaddiaaee Sachae Naam Kee Ho Jeevaa Sun Sunae ||	Hearing, hearing of the glorious greatness of the True Name, I live.	ਪ੍ਰਭੂ ਦੇ ਸੱਚੇ ਨਾਮ ਦੀਆਂ ਸਿਫ਼ਤਾਂ (ਕਰ ਕੇ ਤੇ) ਸੁਣ ਸੁਣ ਕੇ ਮੇਰੇ ਅੰਦਰ ਜਿੰਦ ਪੈਂਦੀ ਹੈ (ਮੈਨੂੰ ਆਤਮਕ ਜੀਵਨ ਹਾਸਲ ਹੁੰਦਾ ਹੈ)।
41369	963	ਪਸੂ ਪਰੇਤ ਅਗਿਆਨ ਉਧਾਰੇ ਇਕ ਖਣੇ॥		Pasoo Paraeth Agiaan Oudhhaarae Eik Khanae ||	Even ignorant beasts and goblins can be saved, in an instant.	(ਪ੍ਰਭੂ ਦਾ ਨਾਮ) ਪਸ਼ੂ-ਸੁਭਾਵ, ਪ੍ਰੇਤ-ਸੁਭਾਵ ਤੇ ਗਿਆਨ-ਹੀਣਾਂ ਨੂੰ ਇਕ ਖਿਨ ਵਿਚ ਤਾਰ ਲੈਂਦਾ ਹੈ।
41370	963	ਦਿਨਸੁ ਰੈਣਿ ਤੇਰਾ ਨਾਉ ਸਦਾ ਸਦ ਜਾਪੀਐ॥		Dhinas Rain Thaeraa Naao Sadhaa Sadh Jaapeeai ||	Day and night, chant the Name, forever and ever.	ਹੇ ਪ੍ਰਭੂ! ਦਿਨ ਰਾਤ ਸਦਾ ਹੀ ਤੇਰਾ ਨਾਮ ਜਪਣਾ ਚਾਹੀਦਾ ਹੈ,
41371	963	ਤ੍ਰਿਸਨਾ ਭੁਖ ਵਿਕਰਾਲ ਨਾਇ ਤੇਰੈ ਧ੍ਰਾਪੀਐ॥		Thrisanaa Bhukh Vikaraal Naae Thaerai Dhhraapeeai ||	The most horrible thirst and hunger is satisfied through Your Name, O Lord.	ਤੇਰੇ ਨਾਮ ਦੀ ਰਾਹੀਂ (ਮਾਇਆ ਦੀ) ਡਰਾਉਣੀ ਭੁੱਖ ਤ੍ਰੇਹ ਮਿਟ ਜਾਂਦੀ ਹੈ।

41372	963	ਰੋਗੁ ਸੋਗੁ ਦੁਖੁ ਵੰਞੈ ਜਿਸੁ ਨਾਉ ਮਨਿ ਵਸੈ॥		Rog Sog Dhukh Vannjai Jis Naao Man Vasai ||	Disease, sorrow and pain run away, when the Name dwells within the mind.	ਜਿਸ ਮਨੁੱਖ ਦੇ ਮਨ ਵਿਚ ਪ੍ਰਭੂ ਦਾ ਨਾਮ ਵੱਸ ਪੈਂਦਾ ਹੈ ਉਸ ਦੇ ਮਨ ਵਿਚੋਂ (ਵਿਕਾਰ-) ਰੋਗ ਸਹਸਾ ਤੇ ਦੁੱਖ ਦੂਰ ਹੋ ਜਾਂਦਾ ਹੈ।
41373	963	ਤਿਸਹਿ ਪਰਾਪਤਿ ਲਾਲੁ ਜੋ ਗੁਰ ਸਬਦੀ ਰਸੈ॥		Thisehi Paraapath Laal Jo Gur Sabadhee Rasai ||	He alone attains his Beloved, who loves the Word of the Guru's Shabad.	ਪਰ ਇਹ ਨਾਮ-ਹੀਰਾ ਉਸ ਮਨੁੱਖ ਨੂੰ ਹੀ ਹਾਸਲ ਹੁੰਦਾ ਹੈ ਜਿਹੜਾ ਗੁਰੂ ਦੇ ਸ਼ਬਦ ਵਿਚ ਰਚ-ਮਿਚ ਜਾਂਦਾ ਹੈ।
41374	963	ਖੰਡ ਬ੍ਰਹਮੰਡ ਬੇਅੰਤ ਉਧਾਰਣਹਾਰਿਆ॥		Khandd Brehamandd Baeanth Oudhhaaranehaariaa ||	The worlds and solar systems are saved by the Infinite Lord.	ਹੇ ਖੰਡਾਂ ਬ੍ਰਹਮੰਡਾਂ ਦੇ ਬੇਅੰਤ ਜੀਵਾਂ ਨੂੰ ਤਾਰਨ ਵਾਲੇ ਪ੍ਰਭੂ!
41375	963	ਤੇਰੀ ਸੋਭਾ ਤੁਧੁ ਸਚੇ ਮੇਰੇ ਪਿਆਰਿਆ॥੧੨॥		Thaeree Sobhaa Thudhh Sachae Maerae Piaariaa ||12||	Your glory is Yours alone, O my Beloved True Lord. ||12||	ਹੇ ਸਦਾ-ਥਿਰ ਰਹਿਣ ਵਾਲੇ ਮੇਰੇ ਪਿਆਰੇ! ਤੇਰੀ ਸੋਭਾ ਤੈਨੂੰ ਹੀ ਫਬਦੀ ਹੈ (ਆਪਣੀ ਵਡਿਆਈ ਤੂੰ ਆਪ ਹੀ ਜਾਣਦਾ ਹੈਂ) ॥੧੨॥
41376	963	ਸਲੋਕ ਮਃ ੫॥		Salok Ma 5 ||	Shalok, Fifth Mehl:	
41377	963	ਮਿਤ੍ਰੁ ਪਿਆਰਾ ਨਾਨਕ ਜੀ ਮੈ ਛਡਿ ਗਵਾਇਆ ਰੰਗਿ ਕਸੁੰਭੈ ਭੁਲੀ॥		Mithra Piaaraa Naanak Jee Mai Shhadd Gavaaeiaa Rang Kasunbhai Bhulee ||	I abandoned and lost my Beloved Friend, O Nanak; I was fooled by the transitory color of the safflower, which fades away.	ਹੇ ਨਾਨਕ ਜੀ! ਮੈ ਕਸੁੰਭੇ (ਵਰਗੀ ਮਾਇਆ) ਦੇ ਰੰਗ ਵਿਚ ਉਕਾਈ ਖਾ ਗਈ ਤੇ ਪਿਆਰਾ ਮਿੱਤਰ ਪ੍ਰਭੂ ਵਿਸਾਰ ਕੇ ਗੰਵਾ ਬੈਠੀ।

41378	963	ਤਉ ਸਜਣ ਕੀ ਮੈ ਕੀਮ ਨ ਪਉਦੀ ਹਉ ਤੁਧੁ ਬਿਨੁ ਅਢੁ ਨ ਲਹਦੀ॥੧॥		Tho Sajan Kee Mai Keem N Poudhee Ho Thudhh Bin Adt N Lehadhee ||1||	I did not know Your value, O my Friend; without You, I am not worth even half a shell. ||1||	ਹੇ ਸੱਜਣ ਪ੍ਰਭੂ! (ਇਸ ਉਕਾਈ ਵਿਚ) ਮੈਥੋਂ ਤੇਰੀ ਕਦਰ ਨਾਹ ਪੈ ਸਕੀ, ਪਰ ਤੈਥੋਂ ਬਿਨਾ ਭੀ ਮੈਂ ਅੱਧੀ ਦਮੜੀ ਦੀ ਭੀ ਨਹੀਂ ਹਾਂ ॥੧॥
41379	963	ਮਃ ੫॥		Ma 5 ||	Fifth Mehl:	
41380	963	ਸਸੁ ਵਿਰਾਇਣਿ ਨਾਨਕ ਜੀਉ ਸਸੁਰਾ ਵਾਦੀ ਜੇਠੋ ਪਉ ਪਉ ਲੂਹੈ॥	ਸੰਸੇ ਵਾਲੀ ਬ੍ਰਿਤੀ ਰੂਪ ਸੱਸੁ, (ਵਿਰਾਇਣਿ) ਵੈਰਣ ਹੋ ਰਹੀ ਹੈ। ਮਹਾਂ-ਪਾਪ ਰੂਪ (ਸਸੁਰਾ) ਸੌਹਰਾ, (ਵਾਦੀ) ਝਗੜਾਲੂ ਧਰਮਰਾਜਾ ਰੂਪ (ਜੇਠੋ) ਜੇਠ, ਨਰਕ ਚ ਪਾ ਪਾ ਕੇ (ਲੂਹੈ) ਸਾੜਦਾ ਹੈ। ਸੱਸੁ, ਸੱਸੁਰਾ	Sas Viraaein Naanak Jeeo Sasuraa Vaadhee Jaetho Po Po Loohai ||	My mother-in-law is my enemy, O Nanak; my father-in-law is argumentative and my brother-in-law burns me at every step.	ਹੇ ਨਾਨਕ ਜੀ! ਅਵਿੱਦਿਆ (ਜੀਵ-ਇਸਤ੍ਰੀ ਦੀ) ਵੈਰਨ ਹੈ, ਸਰੀਰ ਦਾ ਮੋਹ (ਸਰੀਰ ਦੀ ਪਾਲਣਾ ਲਈ ਨਿੱਤ) ਝਗੜਾ ਕਰਦਾ ਹੈ (ਭਾਵ, ਖਾਣ ਨੂੰ ਮੰਗਦਾ ਹੈ), ਮੌਤ ਦਾ ਡਰ ਮੁੜ ਮੁੜ ਦੁਖੀ ਕਰਦਾ ਹੈ।
41381	963	ਹਭੇ ਭਸੁ ਪੁਣੇਦੇ ਵਤਨੁ ਜਾ ਮੈ ਸਜਣੁ ਤੂਹੈ॥੨॥	(ਭਸੁ) ਸੁਆਹ। (ਪੁਣੇਦੇ) ਛਾਣਦੇ। (ਵਤਨੁ) ਫਿਰਨ। (ਹੱਭੇ) ਸਾਰੇ। ਭਸੁ: ਪੋਲਾ ਬੋਲੋ। ਵੱਤਨੁ	Habhae Bhas Punaedhae Vathan Jaa Mai Sajan Thoohai ||2||	They can all just play in the dust, when You are my Friend, O Lord. ||2||	ਪਰ, (ਹੇ ਪ੍ਰਭੂ!) ਜੇ ਤੂੰ ਮੇਰਾ ਮਿੱਤ੍ਰ ਬਣੇਂ, ਤਾਂ ਇਹ ਸਾਰੇ ਬੇਸ਼ਕ ਖੇਹ ਛਾਣਦੇ ਫਿਰਨ (ਭਾਵ, ਮੇਰੇ ਉਤੇ ਇਹ ਸਾਰੇ ਹੀ ਜ਼ੋਰ ਨਹੀਂ ਪਾ ਸਕਦੇ) ॥੨॥
41382	963	ਪਉੜੀ॥		Pourree ||	Pauree:	

41383	963	ਜਿਸੁ ਤੂ ਵੁਠਾ ਚਿਤਿ ਤਿਸੁ ਦਰਦੁ ਨਿਵਾਰਣੋ॥		Jis Thoo Vuthaa Chith This Dharadh Nivaarano ||	You relieve the pains of those, within whose consciousness You dwell, O Lord.	ਹੇ ਪ੍ਰਭੂ! ਜਿਸ ਮਨੁੱਖ ਦੇ ਮਨ ਵਿਚ ਤੂੰ ਵੱਸ ਪੈਂਦਾ ਹੈਂ ਉਸ ਦੇ ਮਨ ਦਾ ਦੁੱਖ-ਦਰਦ ਤੂੰ ਦੂਰ ਕਰ ਦੇਂਦਾ ਹੈਂ।
41384	963	ਜਿਸੁ ਤੂ ਵੁਠਾ ਚਿਤਿ ਤਿਸੁ ਕਦੇ ਨ ਹਾਰਣੋ॥		Jis Thoo Vuthaa Chith This Kadhae N Haarano ||	Those, within whose consciousness You dwell, never lose.	ਜਿਸ ਮਨੁੱਖ ਦੇ ਮਨ ਵਿਚ ਤੂੰ ਵੱਸ ਪੈਂਦਾ ਹੈਂ, ਉਹ ਮਨੁੱਖਾ ਜਨਮ ਦੀ ਬਾਜ਼ੀ ਕਦੇ ਹਾਰਦਾ ਨਹੀਂ।
41385	963	ਜਿਸੁ ਮਿਲਿਆ ਪੂਰਾ ਗੁਰੂ ਸੁ ਸਰਪਰ ਤਾਰਣੋ॥		Jis Miliaa Pooraa Guroo S Sarapar Thaarano ||	One who meets the Perfect Guru will surely be saved.	ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪਏ, (ਗੁਰੂ) ਉਸ ਨੂੰ ਜ਼ਰੂਰ (ਸੰਸਾਰ-ਸਮੁੰਦਰ ਤੋਂ) ਬਚਾ ਲੈਂਦਾ ਹੈ,
41386	963	ਜਿਸ ਨੋ ਲਾਏ ਸਚਿ ਤਿਸੁ ਸਚੁ ਸਮ੍ਹਾਲਣੋ॥		Jis No Laaeae Sach This Sach Samhaalano ||	One who is attached to Truth, contemplates Truth.	(ਕਿਉਂਕਿ ਗੁਰੂ) ਜਿਸ ਮਨੁੱਖ ਨੂੰ ਸੱਚੇ ਹਰੀ ਵਿਚ ਜੋੜਦਾ ਹੈ, ਉਹ ਸਦਾ ਹਰੀ ਨੂੰ (ਆਪਣੇ ਮਨ ਵਿਚ) ਸੰਭਾਲ ਰੱਖਦਾ ਹੈ।
41387	963	ਜਿਸੁ ਆਇਆ ਹਥਿ ਨਿਧਾਨੁ ਸੁ ਰਹਿਆ ਭਾਲਣੋ॥		Jis Aaeiaa Hathh Nidhhaan S Rehiaa Bhaalano ||	One, into whose hands the treasure comes, stops searching.	ਜਿਸ ਮਨੁੱਖ ਦੇ ਹੱਥ ਵਿਚ ਨਾਮ-ਖ਼ਜ਼ਾਨਾ ਆ ਜਾਂਦਾ ਹੈ, ਉਹ ਮਾਇਆ ਦੀ ਭਟਕਣਾ ਵਲੋਂ ਹਟ ਜਾਂਦਾ ਹੈ।
41388	963	ਜਿਸ ਨੋ ਇਕੋ ਰੰਗੁ ਭਗਤੁ ਸੋ ਜਾਨਣੋ॥		Jis No Eiko Rang Bhagath So Jaanano ||	He alone is known as a devotee, who loves the One Lord.	ਉਸੇ ਮਨੁੱਖ ਨੂੰ ਭਗਤ ਸਮਝੋ ਜਿਸ ਦੇ ਮਨ ਵਿਚ (ਮਾਇਆ ਦੇ ਥਾਂ) ਇਕ ਪ੍ਰਭੂ ਦਾ ਹੀ ਪਿਆਰ ਹੈ।

41389	963	ਓਹੁ ਸਭਨਾ ਕੀ ਰੇਣੁ ਬਿਰਹੀ ਚਾਰਣੋ॥		Ouhu Sabhanaa Kee Raen Birehee Chaarano ||	He is the dust under the feet of all; he is the lover of the Lord's feet.	ਪ੍ਰਭੂ ਦੇ ਚਰਨਾਂ ਦਾ ਉਹ ਪ੍ਰੇਮੀ ਸਭਨਾਂ ਦੇ ਚਰਨਾਂ ਦੀ ਧੂੜ (ਬਣਿਆ ਰਹਿੰਦਾ) ਹੈ।
41390	963	ਸਭਿ ਤੇਰੇ ਚੋਜ ਵਿਡਾਣ ਸਭੁ ਤੇਰਾ ਕਾਰਣੋ॥੧੩॥		Sabh Thaerae Choj Viddaan Sabh Thaeraa Kaarano ||13||	Everything is Your wonderful play; the whole creation is Yours. ||13||	(ਪਰ) ਹੇ ਪ੍ਰਭੂ! ਇਹ ਸਾਰੇ ਤੇਰੇ ਹੀ ਅਚਰਜ ਤਮਾਸ਼ੇ ਹਨ, ਇਹ ਸਾਰਾ ਤੇਰਾ ਹੀ ਖੇਲ ਹੈ ॥੧੩॥
41391	963	ਸਲੋਕ ਮਃ ੫॥		Salok Ma 5 ||	Shalok, Fifth Mehl:	
41392	963	ਉਸਤਤਿ ਨਿੰਦਾ ਨਾਨਕ ਜੀ ਮੈ ਹਭ ਵਞਾਈ ਛੋੜਿਆ ਹਭੁ ਕਿਝੁ ਤਿਆਗੀ॥	(ਵਞਾਈ)ਛੱਡੀ। ਮੈਂ। ਹੱਭੁ	Ousathath Nindhaa Naanak Jee Mai Habh Vanjaaee Shhorriaa Habh Kijh Thiaagee ||	I have totally discarded praise and slander, O Nanak; I have forsaken and abandoned everything.	ਹੇ ਨਾਨਕ! ਕਿਸੇ ਨੂੰ ਚੰਗਾ ਤੇ ਕਿਸੇ ਨੂੰ ਮੰਦਾ ਆਖਣਾ-ਇਹ ਮੈਂ ਸਭ ਕੁਝ ਛੱਡ ਦਿੱਤਾ ਹੈ, ਤਿਆਗ ਦਿੱਤਾ ਹੈ।
41393	963	ਹਭੇ ਸਾਕ ਕੂੜਾਵੇ ਡਿਠੇ ਤਉ ਪਲੈ ਤੈਡੈ ਲਾਗੀ॥੧॥		Habhae Saak Koorraavae Ddithae Tho Palai Thaiddai Laagee ||1||	I have seen that all relationships are false, and so I have grasped hold of the hem of Your robe, Lord. ||1||	ਮੈਂ ਵੇਖ ਲਿਆ ਹੈ ਕਿ (ਦੁਨੀਆ ਦੇ) ਸਾਰੇ ਸਾਕ ਝੂਠੇ ਹਨ (ਭਾਵ, ਕੋਈ ਤੋੜ ਨਿਭਣ ਵਾਲਾ ਨਹੀਂ), ਇਸ ਲਈ (ਹੇ ਪ੍ਰਭੂ!) ਮੈਂ ਤੇਰੇ ਲੜ ਆ ਲੱਗੀ ਹਾਂ ॥੧॥
41394	963	ਮਃ ੫॥		Ma 5 ||	Fifth Mehl:	

41395	963	ਫਿਰਦੀ ਫਿਰਦੀ ਨਾਨਕ ਜੀਉ ਹਉ ਫਾਵੀ ਥੀਈ ਬਹੁਤੁ ਦਿਸਾਵਰ ਪੰਧਾ॥	(ਫਾਵੀ) ਕਮਲੀ। (ਥੀ-ਈ) ਹੋਈ, ਜੂਨਾਂ ਰੂਪੀ (ਦਿਸਾਵਰ) ਦਸੌਰਾਂ ਦੇ ਬਹੁਤੁ ਲੰਮੇ ਪੰਧਾਰਾਹ ਚ	Firadhee Firadhee Naanak Jeeo Ho Faavee Thheeee Bahuth Dhisaavar Pandhhaa ||	I wandered and wandered and went crazy, O Nanak, in countless foreign lands and pathways.	ਹੇ ਨਾਨਕ ਜੀ! ਮੈਂ ਭਟਕਦੀ ਭਟਕਦੀ ਤੇ ਹੋਰ ਹੋਰ ਦੇਸਾਂ ਦੇ ਪੈਂਡੇ ਝਾਗਦੀ ਝਾਗਦੀ ਪਾਗਲ ਜਿਹੀ ਹੋ ਗਈ ਸਾਂ।
41396	963	ਤਾ ਹਉ ਸੁਖਿ ਸੁਖਾਲੀ ਸੁਤੀ ਜਾ ਗੁਰ ਮਿਲਿ ਸਜਣੁ ਮੈ ਲਧਾ॥੨॥		Thaa Ho Sukh Sukhaalee Suthee Jaa Gur Mil Sajan Mai Ladhhaa ||2||	But then, I slept in peace and comfort, when I met the Guru, and found my Friend. ||2||	ਪਰ ਜਦੋਂ ਸਤਿਗੁਰੂ ਜੀ ਨੂੰ ਮਿਲ ਕੇ ਮੈਨੂੰ ਸੱਜਣ-ਪ੍ਰਭੂ ਲੱਭ ਪਿਆ ਤਾਂ ਮੈਂ ਬੜੇ ਸੁਖ ਨਾਲ ਸੌਂ ਗਈ (ਭਾਵ, ਮੇਰੇ ਅੰਦਰ ਪੂਰਨ ਆਤਮਕ ਆਨੰਦ ਬਣ ਗਿਆ) ॥੨॥
41397	964	ਪਉੜੀ॥		Pourree ||	Pauree:	
41398	964	ਸਭੇ ਦੁਖ ਸੰਤਾਪ ਜਾਂ ਤੁਧਹੁ ਭੁਲੀਐ॥		Sabhae Dhukh Santhaap Jaan Thudhhahu Bhuleeai ||	When I forget You, I endure all pains and afflictions.	ਜਦੋਂ ਹੇ ਪ੍ਰਭੂ! ਤੇਰੀ ਯਾਦ ਤੋਂ ਖੁੰਝ ਜਾਈਏ ਤਾਂ (ਮਨ ਨੂੰ) ਸਾਰੇ ਦੁੱਖ-ਕਲੇਸ਼ (ਆ ਵਾਪਰਦੇ ਹਨ)।
41399	964	ਜੇ ਕੀਚਨਿ ਲਖ ਉਪਾਵ ਤਾਂ ਕਹੀ ਨ ਘੁਲੀਐ॥	ਲੱਖ ਘੁੱਲੀਐ	Jae Keechan Lakh Oupaav Thaan Kehee N Ghuleeai ||	Making thousands of efforts, they are still not eliminated.	(ਤੇਰੀ ਯਾਦ ਤੋਂ ਬਿਨਾ ਹੋਰ) ਜੇ ਲੱਖਾਂ ਉਪਰਾਲੇ ਭੀ ਕੀਤੇ ਜਾਣ, ਕਿਸੇ ਭੀ ਉਪਾਵ ਨਾਲ (ਉਹਨਾਂ ਦੁੱਖਾਂ-ਕਲੇਸ਼ਾਂ ਤੋਂ) ਖ਼ਲਾਸੀ ਨਹੀਂ ਹੁੰਦੀ।
41400	964	ਜਿਸ ਨੋ ਵਿਸਰੈ ਨਾਉ ਸੁ ਨਿਰਧਨੁ ਕਾਂਢੀਐ॥		Jis No Visarai Naao S Niradhhan Kaandteeai ||	One who forgets the Name, is known as a poor person.	ਜਿਸ ਮਨੁੱਖ ਨੂੰ ਪ੍ਰਭੂ ਦਾ ਨਾਮ (ਸਿਮਰਨਾ) ਭੁੱਲ ਜਾਏ ਉਹ ਕੰਗਾਲ ਕਿਹਾ ਜਾਂਦਾ ਹੈ।

41401	964	ਜਿਸ ਨੋ ਵਿਸਰੈ ਨਾਉ ਸੋ ਜੋਨੀ ਹਾਂਢੀਐ॥		Jis No Visarai Naao So Jonee Haandteeai ||	One who forgets the Name, wanders in reincarnation.	ਜਿਸ ਮਨੁੱਖ ਨੂੰ ਮਾਲਕ ਪ੍ਰਭੂ ਦਾ ਨਾਮ (ਸਿਮਰਨਾ) ਭੁੱਲ ਜਾਏ (ਜਿਵੇਂ ਕੋਈ ਕੰਗਾਲ ਮੰਗਤਾ ਦਰ ਦਰ ਤੇ ਰੁਲਦਾ ਹੈ, ਤਿਵੇਂ) ਉਹ ਜੂਨਾਂ ਵਿਚ ਭਟਕਦਾ ਫਿਰਦਾ ਹੈ।
41402	964	ਜਿਸੁ ਖਸਮੁ ਨ ਆਵੈ ਚਿਤਿ ਤਿਸੁ ਜਮੁ ਡੰਡੁ ਦੇ॥		Jis Khasam N Aavai Chith This Jam Ddandd Dhae ||	One who does not remember his Lord and Master, is punished by the Messenger of Death.	ਜਿਸ ਮਨੁੱਖ ਦੇ ਚਿੱਤ ਵਿਚ ਖਸਮ-ਪ੍ਰਭੂ ਨਹੀਂ ਆਉਂਦਾ ਉਸ ਨੂੰ ਜਮਰਾਜ ਸਜ਼ਾ ਦੇਂਦਾ ਹੈ।
41403	964	ਜਿਸੁ ਖਸਮੁ ਨ ਆਵੀ ਚਿਤਿ ਰੋਗੀ ਸੇ ਗਣੇ॥		Jis Khasam N Aavee Chith Rogee Sae Ganae ||	One who does not remember his Lord and Master, is judged to be a sick person.	ਜਿਸ ਮਨੁੱਖ ਦੇ ਚਿੱਤ ਵਿਚ ਖਸਮ-ਪ੍ਰਭੂ ਨਹੀਂ ਆਉਂਦਾ ਅਜੇਹੇ ਬੰਦੇ ਰੋਗੀ ਗਿਣੇ ਜਾਂਦੇ ਹਨ।
41404	964	ਜਿਸੁ ਖਸਮੁ ਨ ਆਵੀ ਚਿਤਿ ਸੁ ਖਰੋ ਅਹੰਕਾਰੀਆ॥		Jis Khasam N Aavee Chith S Kharo Ahankaareeaa ||	One who does not remember his Lord and Master, is egotistical and proud.	ਜਿਸ ਮਨੁੱਖ ਦੇ ਚਿੱਤ ਵਿਚ ਖਸਮ-ਪ੍ਰਭੂ ਨਹੀਂ ਆਉਂਦਾ ਅਜੇਹਾ ਬੰਦਾ ਬੜਾ ਅਹੰਕਾਰੀ ਹੁੰਦਾ ਹੈ (ਹਰ ਵੇਲੇ 'ਮੈਂ ਮੈਂ' ਹੀ ਕਰਦਾ ਹੈ)।
41405	964	ਸੋਈ ਦੁਹੇਲਾ ਜਗਿ ਜਿਨਿ ਨਾਉ ਵਿਸਾਰੀਆ॥੧੪॥		Soee Dhuhaelaa Jag Jin Naao Visaareeaa ||14||	One who forgets the Name is miserable in this world. ||14||	ਜਿਸ ਮਨੁੱਖ ਨੇ ਪ੍ਰਭੂ ਦਾ ਨਾਮ ਭੁਲਾ ਦਿੱਤਾ ਹੈ ਉਹੀ ਜਗਤ ਵਿਚ ਦੁਖੀ ਹੈ ॥੧੪॥
41406	964	ਸਲੋਕ ਮਃ ੫॥		Salok Ma 5 ||	Shalok, Fifth Mehl:	

41407	964	ਤੈਡੀ ਬੰਦਸਿ ਮੈ ਕੋਇ ਨ ਡਿਠਾ ਤੂ ਨਾਨਕ ਮਨਿ ਭਾਣਾ॥	(ਬੰਦਸਿ) ਬਰਾਬਰ	Thaiddee Bandhas Mai Koe N Ddithaa Thoo Naanak Man Bhaanaa ||	I have not seen any other like You. You alone are pleasing to Nanak's mind.	ਹੇ (ਗੁਰੂ) ਨਾਨਕ (ਜੀ)! ਤੇਰੀ ਕੋਈ ਗੱਲ ਮੈਨੂੰ ਬੰਨ੍ਹਣ ਨਹੀਂ ਜਾਪਦੀ, ਮੈਂ ਤਾਂ ਤੈਨੂੰ (ਸਗੋਂ) ਮਨ ਵਿਚ ਪਿਆਰਾ ਲੱਗਣ ਵਾਲਾ ਵੇਖਿਆ ਹੈ।
41408	964	ਘੋਲਿ ਘੁਮਾਈ ਤਿਸੁ ਮਿਤ੍ਰ ਵਿਚੋਲੇ ਜੈ ਮਿਲਿ ਕੰਤੁ ਪਛਾਣਾ॥੧॥		Ghol Ghumaaee This Mithr Vicholae Jai Mil Kanth Pashhaanaa ||1||	I am a dedicated, devoted sacrifice to that friend, that mediator, who leads me to recognize my Husband Lord. ||1||	ਮੈਂ ਉਸ ਪਿਆਰੇ ਵਿਚੋਲੇ (ਗੁਰੂ) ਤੋਂ ਸਦਕੇ ਹਾਂ ਜਿਸ ਨੂੰ ਮਿਲ ਕੇ ਮੈਂ ਆਪਣਾ ਖਸਮ-ਪ੍ਰਭੂ ਪਛਾਣਿਆ ਹੈ (ਖਸਮ-ਪ੍ਰਭੂ ਨਾਲ ਸਾਂਝ ਪਾਈ ਹੈ) ॥੧॥
41409	964	ਮਃ ੫॥		Ma 5 ||	Fifth Mehl:	
41410	964	ਪਾਵ ਸੁਹਾਵੇ ਜਾਂ ਤਉ ਧਿਰਿ ਜੁਲਦੇ ਸੀਸੁ ਸੁਹਾਵਾ ਚਰਣੀ॥		Paav Suhaavae Jaan Tho Dhhir Juladhae Sees Suhaavaa Charanee ||	Beautiful are those feet which walk towards You; beautiful is that head which falls at Your Feet.	ਉਹ ਪੈਰ ਸੋਹਣੇ ਲੱਗਦੇ ਹਨ ਜੋ ਤੇਰੇ ਪਾਸੇ ਵਲ ਤੁਰਦੇ ਹਨ, ਉਹ ਸਿਰ ਭਾਗਾਂ ਵਾਲਾ ਹੈ ਜੋ ਤੇਰੇ ਕਦਮਾਂ ਉਤੇ ਡਿੱਗਦਾ ਹੈ;
41411	964	ਮੁਖੁ ਸੁਹਾਵਾ ਜਾਂ ਤਉ ਜਸੁ ਗਾਵੈ ਜੀਉ ਪਇਆ ਤਉ ਸਰਣੀ॥੨॥		Mukh Suhaavaa Jaan Tho Jas Gaavai Jeeo Paeiaa Tho Saranee ||2||	Beautiful is that mouth which sings Your Praises; beautiful is that soul which seeks Your Sanctuary. ||2||	ਮੂੰਹ ਸੋਹਣਾ ਲੱਗਦਾ ਹੈ ਜਦੋਂ ਤੇਰਾ ਜਸ ਗਾਂਦਾ ਹੈ, ਜਿੰਦ ਸੁੰਦਰ ਜਾਪਦੀ ਹੈ ਜਦੋਂ ਤੇਰੀ ਸਰਨ ਪੈਂਦੀ ਹੈ ॥੨॥
41412	964	ਪਉੜੀ॥		Pourree ||	Pauree:	

41413	964	ਮਿਲਿ ਨਾਰੀ ਸਤਸੰਗਿ ਮੰਗਲੁ ਗਾਵੀਆ॥		Mil Naaree Sathasang Mangal Gaaveeaa ||	Meeting the Lord's brides in the True Congregation I sing the songs of joy.	ਜਿਸ ਜੀਵ-ਇਸਤ੍ਰੀ ਨੇ ਸਤਸੰਗ ਵਿਚ ਮਿਲ ਕੇ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਗੀਤ ਗਾਵਿਆ,
41414	964	ਘਰ ਕਾ ਹੋਆ ਬੰਧਾਨੁ ਬਹੁੜਿ ਨ ਧਾਵੀਆ॥		Ghar Kaa Hoaa Bandhhaan Bahurr N Dhhaaveeaa ||	The home of my heart is now held steady, and I shall not go out wandering again.	ਉਸ ਦੇ ਸਰੀਰ-ਘਰ ਦਾ ਠੁਕ ਬਣ ਗਿਆ (ਭਾਵ, ਉਸ ਦੇ ਸਾਰੇ ਗਿਆਨ ਇੰਦ੍ਰੇ ਉਸ ਦੇ ਵੱਸ ਵਿਚ ਆ ਗਏ)। ਉਹ ਫਿਰ (ਮਾਇਆ ਪਿੱਛੇ) ਭਟਕਦੀ ਨਹੀਂ।
41415	964	ਬਿਨਠੀ ਦੁਰਮਤਿ ਦੁਰਤੁ ਸੋਇ ਕੂੜਾਵੀਆ॥		Binathee Dhuramath Dhurath Soe Koorraaveeaa ||	Evil-mindedness has been dispelled, along with sin and my bad reputation.	(ਉਸ ਦੇ ਅੰਦਰੋਂ) ਭੈੜੀ ਮੱਤ ਪਾਪ ਤੇ ਨਾਸਵੰਤ ਪਦਾਰਥਾਂ ਦੀ ਝਾਕ ਮੁੱਕ ਜਾਂਦੀ ਹੈ।
41416	964	ਸੀਲਵੰਤਿ ਪਰਧਾਨਿ ਰਿਦੈ ਸਚਾਵੀਆ॥		Seelavanth Paradhhaan Ridhai Sachaaveeaa ||	I am well-known as being calm and good-natured; my heart is filled with Truth.	ਅਜੇਹੀ ਜੀਵ-ਇਸਤ੍ਰੀ ਚੰਗੇ ਸੁਭਾਵ ਵਾਲੀ ਹੋ ਜਾਂਦੀ ਹੈ, (ਸਹੇਲੀਆਂ ਵਿਚ) ਆਦਰ-ਮਾਣ ਪਾਂਦੀ ਹੈ, ਉਸ ਦੇ ਹਿਰਦੇ ਵਿਚ ਪ੍ਰਭੂ ਦੀ ਲਗਨ ਟਿਕੀ ਰਹਿੰਦੀ ਹੈ।
41417	964	ਅੰਤਰਿ ਬਾਹਰਿ ਇਕੁ ਇਕ ਰੀਤਾਵੀਆ॥	(ਰੀਤਾਵੀਆ) ਮ੍ਰਯਾਦਾ	Anthar Baahar Eik Eik Reethaaveeaa ||	Inwardly and outwardly, the One and only Lord is my way.	ਉਸ ਨੂੰ ਆਪਣੇ ਅੰਦਰ ਤੇ ਸਾਰੀ ਸ੍ਰਿਸ਼ਟੀ ਵਿਚ ਇਕ ਪ੍ਰਭੂ ਹੀ ਦਿੱਸਦਾ ਹੈ। ਬੱਸ! ਇਹੀ ਉਸ ਦੀ ਜੀਵਨ-ਜੁਗਤੀ ਬਣ ਜਾਂਦੀ ਹੈ।

41418	964	ਮਨਿ ਦਰਸਨ ਕੀ ਪਿਆਸ ਚਰਣ ਦਾਸਾਵੀਆ॥	(ਦਾਸਾਵੀਆ) ਦਾਸੀ ਸਦਾਉਂਦੀ ਹਾਂ	Man Dharasan Kee Piaas Charan Dhaasaaveeaa ||	My mind is thirsty for the Blessed Vision of His Darshan. I am a slave at His feet.	ਉਸ ਜੀਵ-ਇਸਤ੍ਰੀ ਦੇ ਮਨ ਵਿਚ ਪ੍ਰਭੂ ਦੇ ਦੀਦਾਰ ਦੀ ਤਾਂਘ ਬਣੀ ਰਹਿੰਦੀ ਹੈ, ਉਹ ਪ੍ਰਭੂ ਦੇ ਚਰਨਾਂ ਦੀ ਹੀ ਦਾਸੀ ਬਣੀ ਰਹਿੰਦੀ ਹੈ।
41419	964	ਸੋਭਾ ਬਣੀ ਸੀਗਾਰੁ ਖਸਮਿ ਜਾਂ ਰਾਵੀਆ॥		Sobhaa Banee Seegaar Khasam Jaan Raaveeaa ||	I am glorified and embellished, when my Lord and Master enjoys me.	ਜਦੋਂ ਉਸ ਜੀਵ-ਇਸਤ੍ਰੀ ਨੂੰ ਖਸਮ-ਪ੍ਰਭੂ ਨੇ ਆਪਣੇ ਨਾਲ ਮਿਲਾ ਲਿਆ, ਤਾਂ ਇਹ ਮਿਲਾਪ ਹੀ ਉਸ ਲਈ ਸੋਭਾ ਤੇ ਸਿੰਗਾਰ ਹੁੰਦਾ ਹੈ।
41420	964	ਮਿਲੀਆ ਆਇ ਸੰਜੋਗਿ ਜਾਂ ਤਿਸੁ ਭਾਵੀਆ ॥੧੫॥		Mileeaa Aae Sanjog Jaan This Bhaaveeaa ||15||	I meet Him through my blessed destiny, when it is pleasing to His Will. ||15||	ਜਦੋਂ ਉਸ ਪ੍ਰਭੂ ਨੂੰ ਉਹ ਜਿੰਦ-ਵਹੁਟੀ ਪਿਆਰੀ ਲੱਗ ਪੈਂਦੀ ਹੈ, ਤਾਂ ਪ੍ਰਭੂ ਦੀ ਸੰਜੋਗ-ਸੱਤਾ ਦੀ ਬਰਕਤਿ ਨਾਲ ਉਹ ਪ੍ਰਭੂ ਦੀ ਜੋਤਿ ਵਿਚ ਮਿਲ ਜਾਂਦੀ ਹੈ ॥੧੫॥
41421	964	ਸਲੋਕ ਮਃ ੫॥		Salok Ma 5 ||	Shalok, Fifth Mehl:	
41422	964	ਹਭਿ ਗੁਣ ਤੈਡੇ ਨਾਨਕ ਜੀਉ ਮੈਕੂ ਥੀਏ ਮੈ ਨਿਰਗੁਣ ਤੇ ਕਿਆ ਹੋਵੈ॥	ਮੈ-ਕੂ	Habh Gun Thaiddae Naanak Jeeo Mai Koo Thheeeae Mai Niragun Thae Kiaa Hovai ||	All virtues are Yours, Dear Lord; You bestow them upon us. I am unworthy - what can I achieve, O Nanak?	ਹੇ ਨਾਨਕ! ਸਾਰੇ ਗੁਣ ਤੇਰੇ ਹੀ ਹਨ, ਤੈਥੋਂ ਹੀ ਮੈਨੂੰ ਮਿਲੇ ਹਨ, ਮੈਥੋਂ ਗੁਣ-ਹੀਨ ਤੋਂ ਕੁਝ ਨਹੀਂ ਹੋ ਸਕਦਾ।
41423	964	ਤਉ ਜੇਵਡੁ ਦਾਤਾਰੁ ਨ ਕੋਈ ਜਾਚਕੁ ਸਦਾ ਜਾਚੋਵੈ॥੧॥		Tho Jaevadd Dhaathaar N Koee Jaachak Sadhaa Jaachovai ||1||	There is no other Giver as great as You. I am a beggar; I beg from You forever. ||1||	ਤੇਰੇ ਜੇਡਾ ਕੋਈ ਹੋਰ ਦਾਤਾ ਨਹੀਂ ਹੈ, ਮੈਂ ਮੰਗਤੇ ਨੇ ਸਦਾ ਤੈਥੋਂ ਮੰਗਣਾ ਹੀ ਮੰਗਣਾ ਹੈ ॥੧॥

41424	964	ਮਃ ੫॥		Ma 5 ||	Fifth Mehl:	
41425	964	ਦੇਹ ਛਿਜੰਦੜੀ ਊਣ ਮਝੂਣਾ ਗੁਰਿ ਸਜਣਿ ਜੀਉ ਧਰਾਇਆ॥	ਵਿਛੋੜੇ ਚ ਦੇਹ ਔਗੁਣਾਂ ਕਰਕੇ, (ਛਿ-ਜੰਦੜੀ) ਨਾਸ ਹੋ ਰਹੀ ਸੀ, ਸ਼ੁਭ-ਗੁਣਾਂ ਵੱਲੋਂ ਰਿਦਾ ਊਣਖਾਲੀ, ਉਦਾਸ (ਮਝੂਣਾ)ਮੁਰਝਾ ਰਿਹਾ ਸੀ। ਸੱਜਣਿ	Dhaeh Shhijandharree Oon Majhoonaa Gur Sajan Jeeo Dhharaaeiaa ||	My body was wasting away, and I was depressed. The Guru, my Friend, has encouraged and consoled me.	ਮੇਰਾ ਸਰੀਰ ਢਹਿੰਦਾ ਜਾ ਰਿਹਾ ਸੀ, ਚਿੱਤ ਵਿਚ ਖੋਹ ਪੈ ਰਹੀ ਸੀ ਤੇ ਚਿੰਤਾਤੁਰ ਹੋ ਰਿਹਾ ਸੀ; ਪਰ ਜਦੋਂ ਪਿਆਰੇ ਸਤਿਗੁਰੂ ਨੇ ਜਿੰਦ ਨੂੰ ਧਰਵਾਸ ਦਿੱਤਾ,
41426	964	ਹਭੇ ਸੁਖ ਸੁਹੇਲੜਾ ਸੁਤਾ ਜਿਤਾ ਜਗੁ ਸਬਾਇਆ॥੨॥	ਜਿੱਤਾ ਜੱਗੁ	Habhae Sukh Suhaelarraa Suthaa Jithaa Jag Sabaaeiaa ||2||	I sleep in total peace and comfort; I have conquered the whole world. ||2||	ਤਾਂ (ਹੁਣ) ਸਾਰੇ ਹੀ ਸੁਖ ਹੋ ਗਏ ਹਨ, ਮੈਂ ਸੌਖਾ ਟਿਕਿਆ ਹੋਇਆ ਹਾਂ, (ਇਉਂ ਜਾਪਦਾ ਹੈ ਜਿਵੇਂ ਮੈਂ) ਸਾਰਾ ਜਹਾਨ ਜਿੱਤ ਲਿਆ ਹੈ ॥੨॥
41427	964	ਪਉੜੀ॥		Pourree ||	Pauree:	
41428	964	ਵਡਾ ਤੇਰਾ ਦਰਬਾਰੁ ਸਚਾ ਤੁਧੁ ਤਖਤੁ॥		Vaddaa Thaeraa Dharabaar Sachaa Thudhh Thakhath ||	The Darbaar of Your Court is glorious and great. Your holy throne is True.	ਹੇ ਪ੍ਰਭੂ! ਤੇਰਾ ਦਰਬਾਰ ਵੱਡਾ ਹੈ, ਤੇਰਾ ਤਖ਼ਤ ਸਦਾ-ਥਿਰ ਰਹਿਣ ਵਾਲਾ ਹੈ।
41429	964	ਸਿਰਿ ਸਾਹਾ ਪਾਤਿਸਾਹੁ ਨਿਹਚਲੁ ਚਉਰੁ ਛਤੁ॥		Sir Saahaa Paathisaahu Nihachal Chour Shhath ||	You are the Emperor over the heads of kings. Your canopy and chauree (fly-brush) are permanent and unchanging.	ਤੇਰਾ ਚਵਰ ਤੇ ਛਤਰ ਅਟੱਲ ਹੈ, ਤੂੰ (ਦੁਨੀਆ ਦੇ ਸਾਰੇ) ਸ਼ਾਹਾਂ ਦੇ ਸਿਰ ਉਤੇ ਪਾਤਿਸ਼ਾਹ ਹੈਂ।

41430	964	ਜੋ ਭਾਵੈ ਪਾਰਬ੍ਰਹਮ ਸੋਈ ਸਚੁ ਨਿਆਉ॥		Jo Bhaavai Paarabreham Soee Sach Niaao ||	That alone is true justice, which is pleasing to the Will of the Supreme Lord God.	ਉਹੀ ਇਨਸਾਫ਼ ਅਟੱਲ ਹੈ ਜੋ ਪਰਮਾਤਮਾ ਨੂੰ ਚੰਗਾ ਲੱਗਦਾ ਹੈ।
41431	964	ਜੇ ਭਾਵੈ ਪਾਰਬ੍ਰਹਮ ਨਿਥਾਵੇ ਮਿਲੈ ਥਾਉ॥		Jae Bhaavai Paarabreham Nithhaavae Milai Thhaao ||	Even the homeless receive a home, when it is pleasing to the Will of the Supreme Lord God.	ਜੇ ਉਸ ਨੂੰ ਚੰਗਾ ਲੱਗੇ ਤਾਂ ਨਿਆਸਰਿਆਂ ਨੂੰ ਆਸਰਾ ਮਿਲ ਜਾਂਦਾ ਹੈ।
41432	964	ਜੋ ਕੀਨ੍ਹੀ ਕਰਤਾਰਿ ਸਾਈ ਭਲੀ ਗਲ॥	ਸਾਂਈਂ। ਗੱਲ	Jo Keenhee Karathaar Saaee Bhalee Gal ||	Whatever the Creator Lord does, is a good thing.	(ਜੀਵਾਂ ਵਾਸਤੇ) ਉਹੀ ਗੱਲ ਚੰਗੀ ਹੈ ਜੋ ਕਰਤਾਰ ਨੇ (ਆਪ ਉਹਨਾਂ ਵਾਸਤੇ) ਕੀਤੀ ਹੈ।
41433	964	ਜਿਨ੍ਹੀ ਪਛਾਤਾ ਖਸਮੁ ਸੇ ਦਰਗਾਹ ਮਲ॥	ਮੱਲ	Jinhee Pashhaathaa Khasam Sae Dharagaah Mal ||	Those who recognize their Lord and Master, are seated in the Court of the Lord.	ਜਿਨ੍ਹਾਂ ਬੰਦਿਆਂ ਨੇ ਖ਼ਸਮ-ਪ੍ਰਭੂ ਨਾਲ ਸਾਂਝ ਪਾ ਲਈ, ਉਹ ਹਜ਼ੂਰੀ ਪਹਿਲਵਾਨ ਬਣ ਜਾਂਦੇ ਹਨ (ਕੋਈ ਵਿਕਾਰ ਉਹਨਾਂ ਨੂੰ ਪੋਹ ਨਹੀਂ ਸਕਦਾ)।
41434	964	ਸਹੀ ਤੇਰਾ ਫੁਰਮਾਨੁ ਕਿਨੈ ਨ ਫੇਰੀਐ॥		Sehee Thaeraa Furamaan Kinai N Faereeai ||	True is Your Command; no one can challenge it.	ਹੇ ਪ੍ਰਭੂ! ਤੇਰਾ ਹੁਕਮ (ਸਦਾ) ਠੀਕ ਹੁੰਦਾ ਹੈ, ਕਿਸੇ ਜੀਵ ਨੇ (ਕਦੇ) ਉਹ ਮੋੜਿਆ ਨਹੀਂ।

41435	964	ਕਾਰਣ ਕਰਣ ਕਰੀਮ ਕੁਦਰਤਿ ਤੇਰੀਐ॥੧੬॥		Kaaran Karan Kareem Kudharath Thaereeai ||16||	O Merciful Lord, Cause of causes, Your creative power is all-powerful. ||16||	ਹੇ ਸ੍ਰਿਸ਼ਟੀ ਦੇ ਰਚਨਹਾਰ! ਹੇ ਜੀਵਾਂ ਉਤੇ ਬਖ਼ਸ਼ਸ਼ ਕਰਨ ਵਾਲੇ! (ਇਹ ਸਾਰੀ) ਤੇਰੀ ਹੀ (ਰਚੀ ਹੋਈ) ਕੁਦਰਤਿ ਹੈ ॥੧੬॥
41436	964	ਸਲੋਕ ਮਃ ੫॥		Salok Ma 5 ||	Shalok, Fifth Mehl:	
41437	964	ਸੋਇ ਸੁਣੰਦੜੀ ਮੇਰਾ ਤਨੁ ਮਨੁ ਮਉਲਾ ਨਾਮੁ ਜਪੰਦੜੀ ਲਾਲੀ॥	ਮਉੱਲਾ ਕਸਕੇ	Soe Sunandharree Maeraa Than Man Moulaa Naam Japandharree Laalee ||	Hearing of You, my body and mind have blossomed forth; chanting the Naam, the Name of the Lord, I am flushed with life.	(ਹੇ ਪ੍ਰਭੂ!) ਤੇਰੀਆਂ ਸੋਆਂ ਸੁਣ ਕੇ ਮੇਰਾ ਤਨ ਮਨ ਹਰਿਆ ਹੋ ਆਉਂਦਾ ਹੈ, ਤੇਰਾ ਨਾਮ ਜਪਦਿਆਂ ਮੈਨੂੰ ਖ਼ੁਸ਼ੀ ਦੀ ਲਾਲੀ ਚੜ੍ਹ ਜਾਂਦੀ ਹੈ।
41438	964	ਪੰਧਿ ਜੁਲੰਦੜੀ ਮੇਰਾ ਅੰਦਰੁ ਠੰਢਾ ਗੁਰ ਦਰਸਨੁ ਦੇਖਿ ਨਿਹਾਲੀ॥੧॥		Pandhh Julandharree Maeraa Andhar Thandtaa Gur Dharasan Dhaekh Nihaalee ||1||	Walking on the Path, I have found cool tranquility deep within; gazing upon the Blessed Vision of the Guru's Darshan, I am enraptured. ||1||	ਤੇਰੇ ਰਾਹ ਉਤੇ ਤੁਰਦਿਆਂ ਮੇਰਾ ਹਿਰਦਾ ਠਰ ਜਾਂਦਾ ਹੈ ਤੇ ਸਤਿਗੁਰੂ ਦਾ ਦੀਦਾਰ ਕਰ ਕੇ ਮੇਰਾ ਮਨ ਖਿੜ ਪੈਂਦਾ ਹੈ ॥੧॥
41439	964	ਮਃ ੫॥		Ma 5 ||	Fifth Mehl:	
41440	964	ਹਠ ਮੰਝਾਹੂ ਮੈ ਮਾਣਕੁ ਲਧਾ॥	ਹਠ: ਪੋਲਾ ਬੋਲੋ	Hath Manjhaahoo Mai Maanak Ladhhaa ||	I have found the jewel within my heart.	ਮੈਂ ਆਪਣੇ ਹਿਰਦੇ ਵਿਚ ਇਕ ਲਾਲ ਲੱਭਾ ਹੈ,

41441	964	ਮੁਲਿ ਨ ਘਿਧਾ ਮੈਕੂ ਸਤਿਗੁਰਿ ਦਿਤਾ॥	ਮੁੱਲਿ। (ਘਿੱਧਾ) ਲਿਆ। (ਮੈ-ਕੂ) ਮੈਨੂੰ। ਦਿੱਤਾ	Mul N Ghidhhaa Mai Koo Sathigur Dhithaa ||	I was not charged for it; the True Guru gave it to me.	(ਪਰ ਮੈਂ ਕਿਸੇ) ਮੁੱਲ ਤੋਂ ਨਹੀਂ ਲਿਆ, (ਇਹ ਲਾਲ) ਮੈਨੂੰ ਸਤਿਗੁਰੂ ਨੇ ਦਿੱਤਾ ਹੈ।
41442	964	ਢੂੰਢ ਵਞਾਈ ਥੀਆ ਥਿਤਾ॥	ਥਿੱਤਾ	Dtoondt Vanjaaee Thheeaa Thhithaa ||	My search has ended, and I have become stable.	(ਇਸ ਦੀ ਬਰਕਤਿ ਨਾਲ) ਮੇਰੀ ਭਟਕਣਾ ਮੁੱਕ ਗਈ ਹੈ, ਮੈਂ ਟਿਕ ਗਿਆ ਹਾਂ।
41443	964	ਜਨਮੁ ਪਦਾਰਥੁ ਨਾਨਕ ਜਿਤਾ॥੨॥	ਜਿੱਤਾ	Janam Padhaarathh Naanak Jithaa ||2||	O Nanak, I have conquered this priceless human life. ||2||	ਹੇ ਨਾਨਕ! ਮੈਂ ਮਨੁੱਖਾ ਜੀਵਨ-ਰੂਪ ਕੀਮਤੀ ਚੀਜ਼ (ਦਾ ਲਾਭ) ਹਾਸਲ ਕਰ ਲਿਆ ਹੈ ॥੨॥
41444	964	ਪਉੜੀ॥		Pourree ||	Pauree:	
41445	964	ਜਿਸ ਕੈ ਮਸਤਕਿ ਕਰਮੁ ਹੋਇ ਸੋ ਸੇਵਾ ਲਾਗਾ॥		Jis Kai Masathak Karam Hoe So Saevaa Laagaa ||	One who has such good karma inscribed upon his forehead, is committed to the Lord's service.	ਜਿਸ ਮਨੁੱਖ ਦੇ ਮੱਥੇ ਉਤੇ ਪ੍ਰਭੂ ਦੀ ਬਖ਼ਸ਼ਸ਼ (ਦਾ ਲੇਖ) ਹੋਵੇ ਉਹ ਪ੍ਰਭੂ ਦੀ ਸੇਵਾ-ਭਗਤੀ ਵਿਚ ਲੱਗਦਾ ਹੈ।
41446	964	ਜਿਸੁ ਗੁਰ ਮਿਲਿ ਕਮਲੁ ਪ੍ਰਗਾਸਿਆ ਸੋ ਅਨ ਦਿਨੁ ਜਾਗਾ॥		Jis Gur Mil Kamal Pragaasiaa So Anadhin Jaagaa ||	One whose heart lotus blossoms forth upon meeting the Guru, remains awake and aware, night and day.	ਗੁਰੂ ਨੂੰ ਮਿਲ ਕੇ ਜਿਸ ਮਨੁੱਖ ਦਾ ਹਿਰਦਾ-ਕੰਵਲ ਖਿੜ ਪੈਂਦਾ ਹੈ, ਉਹ (ਵਿਕਾਰਾਂ ਦੇ ਹੱਲਿਆਂ ਵਲੋਂ) ਸਦਾ ਸੁਚੇਤ ਰਹਿੰਦਾ ਹੈ।

41447	964	ਲਗਾ ਰੰਗੁ ਚਰਣਾਰਬਿੰਦ ਸਭੁ ਭ੍ਰਮੁ ਭਉ ਭਾਗਾ॥		Lagaa Rang Charanaarabindh Sabh Bhram Bho Bhaagaa ||	All doubt and fear run away from one who is in love with the Lord's lotus feet.	ਜਿਸ ਮਨੁੱਖ (ਦੇ ਮਨ) ਵਿਚ ਪ੍ਰਭੂ ਦੇ ਸੋਹਣੇ ਚਰਨਾਂ ਦਾ ਪਿਆਰ ਪੈਦਾ ਹੁੰਦਾ ਹੈ, ਉਸ ਦੀ ਭਟਕਣਾ ਉਸ ਦਾ ਡਰ ਭਉ ਦੂਰ ਹੋ ਜਾਂਦਾ ਹੈ,
41448	965	ਆਤਮੁ ਜਿਤਾ ਗੁਰਮਤੀ ਆਗੰਜਤ ਪਾਗਾ॥	(ਆਤਮੁ) ਮਨ। (ਆ-ਗੰਜਤ) ਕੱਟਣ ਤੋਂ ਰਹਿਤ ਰਾਮ ਜੀ। (ਪਾਗਾ) ਪਾ ਲਏ, ਰੰਗੇ ਗਏ। ਜਿੱਤਾ,ਪੱਾਗਾ (ਦੂਜਾ ਪਾਠ: ਆਗੰਜ ਤਪਾਗਾ)	Aatham Jithaa Guramathee Aaganjath Paagaa ||	He conquers his soul, following the Guru's Teachings, and attains the Imperishable Lord.	ਕਿਉਂਕਿ ਗੁਰੂ ਦੀ ਮੱਤ ਲੈ ਕੇ ਉਹ ਆਪਣੇ ਮਨ ਨੂੰ ਜਿੱਤ ਲੈਂਦਾ ਹੈ, ਤੇ ਉਸ ਨੂੰ ਅਬਿਨਾਸੀ ਪ੍ਰਭੂ ਮਿਲ ਪੈਂਦਾ ਹੈ।
41449	965	ਜਿਸਹਿ ਧਿਆਇਆ ਪਾਰਬ੍ਰਹਮੁ ਸੋ ਕਲਿ ਮਹਿ ਤਾਗਾ॥	ਤਾੱਗਾ	Jisehi Dhhiaaeiaa Paarabreham So Kal Mehi Thaagaa ||	He alone keeps up in this Dark Age of Kali Yuga, who meditates on the Supreme Lord God.	ਜਿਸ ਹੀ ਮਨੁੱਖ ਨੇ ਪਰਮਾਤਮਾ ਨੂੰ ਸਿਮਰਿਆ ਹੈ ਉਹ ਸੰਸਾਰ ਵਿਚ (ਵਿਕਾਰਾਂ ਦਾ) ਟਾਕਰਾ ਕਰਨ ਜੋਗਾ ਹੋ ਜਾਂਦਾ ਹੈ,
41450	965	ਸਾਧੂਸੰਗਤਿ ਨਿਰਮਲਾ ਅਠਸਠਿ ਮਜਨਾਗਾ॥	ਮੱਜਨਾਗਾ	Saadhhoo Sangath Niramalaa Athasath Majanaagaa ||	In the Saadh Sangat, the Company of the Holy, he is immaculate, as if he has bathed at the sixty-eight sacred shrines of pilgrimage.	ਗੁਰਮੁਖਾਂ ਦੀ ਸੰਗਤ ਵਿਚ ਉਸ ਦਾ ਮਨ ਪਵਿਤ੍ਰ ਹੋ ਜਾਂਦਾ ਹੈ ਮਾਨੋ, ਉਸ ਨੇ ਅਠਾਹਠ ਤੀਰਥਾਂ ਦਾ ਇਸ਼ਨਾਨ ਕਰ ਲਿਆ ਹੈ।

41451	965	ਜਿਸੁ ਪ੍ਰਭੁ ਮਿਲਿਆ ਆਪਣਾ ਸੋ ਪੁਰਖੁ ਸਭਾਗਾ॥		Jis Prabh Miliaa Aapanaa So Purakh Sabhaagaa ||	He alone is a man of good fortune, who has met with God.	ਭਾਗਾਂ ਵਾਲਾ ਹੈ ਉਹ ਮਨੁੱਖ ਜਿਸ ਨੂੰ ਪਿਆਰਾ ਪ੍ਰਭੂ ਮਿਲ ਪਿਆ।
41452	965	ਨਾਨਕ ਤਿਸੁ ਬਲਿਹਾਰਣੈ ਜਿਸੁ ਏਵਡ ਭਾਗਾ॥੧੭॥		Naanak This Balihaaranai Jis Eaevadd Bhaagaa ||17||	Nanak is a sacrifice to such a one, whose destiny is so great! ||17||	ਹੇ ਨਾਨਕ! ਮੈਂ ਸਦਕੇ ਹਾਂ ਉਸ ਉਤੋਂ ਜਿਸ ਦੇ ਇਤਨੇ ਵੱਡੇ ਭਾਗ ਹਨ ॥੧੭॥
41453	965	ਸਲੋਕ ਮਃ ੫॥		Salok Ma 5 ||	Shalok, Fifth Mehl:	
41454	965	ਜਾਂ ਪਿਰੁ ਅੰਦਰਿ ਤਾਂ ਧਨ ਬਾਹਰਿ॥		Jaan Pir Andhar Thaan Dhhan Baahar ||	When the Husband Lord is within the heart, then Maya, the bride, goes outside.	ਜਦੋਂ ਪਤੀ-ਪ੍ਰਭੂ ਜੀਵ-ਇਸਤ੍ਰੀ ਦੇ ਹਿਰਦੇ ਵਿਚ ਪ੍ਰਤੱਖ ਮੌਜੂਦ ਹੋਵੇ, ਤਾਂ ਜੀਵ-ਇਸਤ੍ਰੀ ਮਾਇਕ ਧੰਧਿਆਂ ਝੰਬੇਲਿਆਂ ਤੋਂ ਨਿਰਲੇਪ ਰਹਿੰਦੀ ਹੈ।
41455	965	ਜਾਂ ਪਿਰੁ ਬਾਹਰਿ ਤਾਂ ਧਨ ਮਾਹਰਿ॥		Jaan Pir Baahar Thaan Dhhan Maahar ||	When one's Husband Lord is outside of oneself, then Maya, the bride, is supreme.	ਜਦੋਂ ਪਤੀ-ਪ੍ਰਭੂ ਯਾਦ ਤੋਂ ਦੂਰ ਹੋ ਜਾਏ, ਤਾਂ ਜੀਵ-ਇਸਤ੍ਰੀ ਮਾਇਕ ਧੰਧਿਆਂ ਵਿਚ ਖਚਿਤ ਹੋਣ ਲੱਗ ਪੈਂਦੀ ਹੈ।
41456	965	ਬਿਨੁ ਨਾਵੈ ਬਹੁ ਫੇਰੁ ਫਿਰਾਹਰਿ॥	(ਫਿਰਾਹਰਿ) ਫਿਰਦਾ ਹੈ	Bin Naavai Bahu Faer Firaahar ||	Without the Name, one wanders all around.	ਪ੍ਰਭੂ ਦੀ ਯਾਦ ਤੋਂ ਬਿਨਾ ਜੀਵ ਅਨੇਕਾਂ ਭਟਕਣਾਂ ਵਿਚ ਭਟਕਦਾ ਹੈ।
41457	965	ਸਤਿਗੁਰਿ ਸੰਗਿ ਦਿਖਾਇਆ ਜਾਹਰਿ॥		Sathigur Sang Dhikhaaeiaa Jaahar ||	The True Guru shows us that the Lord is with us.	ਜਿਸ ਮਨੁੱਖ ਨੂੰ ਗੁਰੂ ਨੇ ਹਿਰਦੇ ਵਿਚ ਪ੍ਰਤੱਖ ਪ੍ਰਭੂ ਵਿਖਾ ਦਿੱਤਾ,

41458	965	ਜਨ ਨਾਨਕ ਸਚੇ ਸਚਿ ਸਮਾਹਰਿ॥੧॥		Jan Naanak Sachae Sach Samaahar ||1||	Servant Nanak merges in the Truest of the True. ||1||	ਹੇ ਦਾਸ ਨਾਨਕ! ਉਹ ਸਦਾ-ਥਿਰ ਪ੍ਰਭੂ ਵਿਚ ਹੀ ਟਿਕਿਆ ਰਹਿੰਦਾ ਹੈ ॥੧॥
41459	965	ਮਃ ੫॥		Ma 5 ||	Fifth Mehl:	
41460	965	ਆਹਰ ਸਭਿ ਕਰਦਾ ਫਿਰੈ ਆਹਰੁ ਇਕੁ ਨ ਹੋਇ॥		Aahar Sabh Karadhaa Firai Aahar Eik N Hoe ||	Making all sorts of efforts, they wander around; but they do not make even one effort.	ਹੇ ਨਾਨਕ! ਮਨੁੱਖ ਹੋਰ ਸਾਰੇ ਉੱਦਮ ਕਰਦਾ ਫਿਰਦਾ ਹੈ, ਪਰ ਇਕ ਪ੍ਰਭੂ ਨੂੰ ਸਿਮਰਨ ਦਾ ਉੱਦਮ ਨਹੀਂ ਕਰਦਾ।
41461	965	ਨਾਨਕ ਜਿਤੁ ਆਹਰਿ ਜਗੁ ਉਧਰੈ ਵਿਰਲਾ ਬੂਝੈ ਕੋਇ॥੨॥		Naanak Jith Aahar Jag Oudhharai Viralaa Boojhai Koe ||2||	O Nanak, how rare are those who understand the effort which saves the world. ||2||	ਜਿਸ ਉੱਦਮ ਦੀ ਰਾਹੀਂ ਜਗਤ ਵਿਕਾਰਾਂ ਤੋਂ ਬਚ ਸਕਦਾ ਹੈ (ਉਸ ਉੱਦਮ ਨੂੰ) ਕੋਈ ਵਿਰਲਾ ਮਨੁੱਖ ਸਮਝਦਾ ਹੈ ॥੨॥
41462	965	ਪਉੜੀ॥		Pourree ||	Pauree:	
41463	965	ਵਡੀ ਹੂ ਵਡਾ ਅਪਾਰੁ ਤੇਰਾ ਮਰਤਬਾ॥	ਮਰਤ-ਬਾ	Vaddee Hoo Vaddaa Apaar Thaeraa Marathabaa ||	The greatest of the great, infinite is Your dignity.	ਹੇ ਪ੍ਰਭੂ! ਤੇਰਾ ਬੇਅੰਤ ਹੀ ਵੱਡਾ ਰੁਤਬਾ ਹੈ,
41464	965	ਰੰਗ ਪਰੰਗ ਅਨੇਕ ਨ ਜਾਪਨਿ ਕਰਤਬਾ॥	ਕਰਤ-ਬਾ	Rang Parang Anaek N Jaapanih Karathabaa ||	Your colors and hues are so numerous; no one can know Your actions.	(ਸੰਸਾਰ ਵਿਚ) ਤੇਰੇ ਅਨੇਕਾਂ ਹੀ ਕਿਸਮਾਂ ਦੇ ਕੌਤਕ ਹੋ ਰਹੇ ਹਨ ਜੋ ਸਮਝੇ ਨਹੀਂ ਜਾ ਸਕਦੇ।

41465	965	ਜੀਆ ਅੰਦਰਿ ਜੀਉ ਸਭੁ ਕਿਛੁ ਜਾਣਲਾ॥		Jeeaa Andhar Jeeo Sabh Kishh Jaanalaa ||	You are the Soul within all souls; You alone know everything.	ਸਭ ਜੀਵਾਂ ਦੇ ਅੰਦਰ ਤੂੰ ਹੀ ਜਿੰਦ-ਰੂਪ ਹੈਂ, ਤੂੰ (ਜੀਵਾਂ ਦੀ) ਹਰੇਕ ਗੱਲ ਜਾਣਦਾ ਹੈਂ।
41466	965	ਸਭੁ ਕਿਛੁ ਤੇਰੈ ਵਸਿ ਤੇਰਾ ਘਰੁ ਭਲਾ॥	ਭਲਾ: ਪੋਲਾ ਬੋਲੋ।ਵੱਸਿ	Sabh Kishh Thaerai Vas Thaeraa Ghar Bhalaa ||	Everything is under Your control; Your home is beautiful.	ਸੋਹਣਾ ਹੈ ਤੇਰਾ ਟਿਕਾਣਾ, ਸਾਰੀ ਸ੍ਰਿਸ਼ਟੀ ਤੇਰੇ ਹੀ ਵੱਸ ਵਿਚ ਹੈ।
41467	965	ਤੇਰੈ ਘਰਿ ਆਨੰਦੁ ਵਧਾਈ ਤੁਧੁ ਘਰਿ॥		Thaerai Ghar Aanandh Vadhhaaee Thudhh Ghar ||	Your home is filled with bliss, which resonates and resounds throughout Your home.	(ਇਤਨੀ ਸ੍ਰਿਸ਼ਟੀ ਦਾ ਮਾਲਕ ਹੁੰਦਿਆਂ ਭੀ) ਤੇਰੇ ਹਿਰਦੇ ਵਿਚ ਸਦਾ ਆਨੰਦ ਤੇ ਖ਼ੁਸ਼ੀਆਂ ਹਨ,
41468	965	ਮਾਣੁ ਮਹਤਾ ਤੇਜੁ ਆਪਣਾ ਆਪਿ ਜਰਿ॥	ਮ-ਹੱਤਾ	Maan Mehathaa Thaej Aapanaa Aap Jar ||	Your honor, majesty and glory are Yours alone.	ਤੂੰ ਆਪਣੇ ਇਤਨੇ ਵੱਡੇ ਮਾਣ ਵਡਿਆਈ ਤੇ ਪਰਤਾਪ ਨੂੰ ਆਪ ਹੀ ਜਰਦਾ ਹੈਂ।
41469	965	ਸਰਬ ਕਲਾ ਭਰਪੂਰੁ ਦਿਸੈ ਜਤ ਕਤਾ॥	ਜਤ ਕਤਾ: ਪੋਲੇ ਬੋਲੋ	Sarab Kalaa Bharapoor Dhisai Jath Kathaa ||	You are overflowing with all powers; wherever we look, there You are.	ਸਾਰੀਆਂ ਤਾਕਤਾਂ ਦਾ ਮਾਲਕ-ਪ੍ਰਭੂ ਹਰ ਥਾਂ ਦਿੱਸ ਰਿਹਾ ਹੈ।
41470	965	ਨਾਨਕ ਦਾਸਨਿ ਦਾਸੁ ਤੁਧੁ ਆਗੈ ਬਿਨਵਤਾ॥੧੮॥	ਬਿਨ-ਵਤਾ	Naanak Dhaasan Dhaas Thudhh Aagai Binavathaa ||18||	Nanak, the slave of Your slaves, prays to You alone. ||18||	ਹੇ ਪ੍ਰਭੂ! ਨਾਨਕ ਤੇਰੇ ਦਾਸਾਂ ਦਾ ਦਾਸ ਤੇਰੇ ਅੱਗੇ (ਹੀ) ਅਰਦਾਸ-ਬੇਨਤੀ ਕਰਦਾ ਹੈ ॥੧੮॥
41471	965	ਸਲੋਕ ਮਃ ੫॥		Salok Ma 5 ||	Shalok, Fifth Mehl:	

41472	965	ਛਤੜੇ ਬਾਜਾਰ ਸੋਹਨਿ ਵਿਚਿ ਵਪਾਰੀਏ॥	ਛੱਤੜੇ। ਖੱਟੇ	Shhatharrae Baajaar Sohan Vich Vapaareeeae ||	Your streets are covered with canopies; under them, the traders look beautiful.	(ਇਸ ਉਪਰ ਦਿੱਸਦੇ ਆਕਾਸ਼-ਛੱਤ ਦੇ ਹੇਠ) ਛੱਤੇ ਹੋਏ (ਬੇਅੰਤ ਜਗ-ਮੰਡਲ, ਮਾਨੋ) ਬਾਜ਼ਾਰ ਹਨ, ਇਹਨਾਂ ਵਿਚ (ਪ੍ਰਭੂ-ਨਾਮ ਦਾ ਵਪਾਰ ਕਰਨ ਵਾਲੇ ਜੀਵ-) ਵਪਾਰੀ ਹੀ ਸੋਹਣੇ ਲੱਗਦੇ ਹਨ।
41473	965	ਵਖਰੁ ਹਿਕੁ ਅਪਾਰੁ ਨਾਨਕ ਖਟੇ ਸੋ ਧਣੀ॥੧॥		Vakhar Hik Apaar Naanak Khattae So Dhhanee ||1||	O Nanak, he alone is truly a banker, who buys the infinite commodity. ||1||	ਹੇ ਨਾਨਕ! (ਇਸ ਜਗਤ-ਮੰਡੀ ਵਿਚ) ਉਹ ਮਨੁੱਖ ਧਨਵਾਨ ਹੈ ਜੋ ਇਕ ਅਖੁੱਟ (ਹਰਿ-ਨਾਮ) ਸੌਦਾ ਹੀ ਖੱਟਦਾ ਹੈ ॥੧॥
41474	965	ਮਹਲਾ ੫॥		Mehalaa 5 ||	Fifth Mehl:	
41475	965	ਕਬੀਰਾ ਹਮਰਾ ਕੋ ਨਹੀ ਹਮ ਕਿਸ ਹੂ ਕੇ ਨਾਹਿ॥		Kabeeraa Hamaraa Ko Nehee Ham Kis Hoo Kae Naahi ||	Kabeer, no one is mine, and I belong to no one.	ਹੇ ਕਬੀਰ! ਨਾਹ ਕੋਈ ਸਾਡਾ ਹੀ ਸਦਾ ਦਾ ਸਾਥੀ ਹੈ, ਅਤੇ ਨਾਹ ਹੀ ਅਸੀਂ ਕਿਸੇ ਦੇ ਸਦਾ ਲਈ ਸਾਥੀ ਬਣ ਸਕਦੇ ਹਾਂ (ਸੰਸਾਰ ਬੇੜੀ ਦੇ ਪੂਰ ਦਾ ਮੇਲਾ ਹੈ)।
41476	965	ਜਿਨਿ ਇਹੁ ਰਚਨੁ ਰਚਾਇਆ ਤਿਸ ਹੀ ਮਾਹਿ ਸਮਾਹਿ॥੨॥		Jin Eihu Rachan Rachaaeiaa This Hee Maahi Samaahi ||2||	I am absorbed in the One, who created this creation. ||2||	ਜਿਸ ਪਰਮਾਤਮਾ ਨੇ ਇਹ ਰਚਨਾ ਰਚੀ ਹੈ, ਅਸੀਂ ਤਾਂ ਉਸੇ ਦੀ ਯਾਦ ਵਿਚ ਟਿਕੇ ਰਹਿੰਦੇ ਹਾਂ ॥੨॥
41477	965	ਪਉੜੀ॥		Pourree ||	Pauree:	

41478	965	ਸਫਲਿਉ ਬਿਰਖੁ ਸੁਹਾਵੜਾ ਹਰਿ ਸਫਲ ਅੰਮ੍ਰਿਤਾ॥		Safalio Birakh Suhaavarraa Har Safal Anmrithaa ||	The Lord is the most beautiful fruit tree, bearing fruits of Ambrosial Nectar.	ਪਰਮਾਤਮਾ (ਮਾਨੋ) ਇਕ ਸੋਹਣਾ ਫਲਦਾਰ ਰੁੱਖ ਹੈ ਜਿਸ ਨੂੰ ਆਤਮਕ ਜੀਵਨ ਦੇਣ ਵਾਲੇ ਫਲ ਲੱਗੇ ਹੋਏ ਹਨ।
41479	965	ਮਨੁ ਲੋਚੈ ਉਨ੍ਹ ਮਿਲਣ ਕਉ ਕਿਉ ਵੰਞੈ ਘਿਤਾ॥	ਘਿੱਤਾ	Man Lochai Ounh Milan Ko Kio Vannjai Ghithaa ||	My mind longs to meet Him; how can I ever find Him?	ਮੇਰਾ ਮਨ ਉਸ ਪ੍ਰਭੂ ਨੂੰ ਮਿਲਣ ਲਈ ਤਾਂਘਦਾ ਹੈ (ਪਰ ਪਤਾ ਨਹੀਂ ਲੱਗਦਾ ਕਿ) ਕਿਵੇਂ ਮਿਲਿਆ ਜਾਏ,
41480	965	ਵਰਨਾ ਚਿਹਨਾ ਬਾਹਰਾ ਓਹੁ ਅਗਮੁ ਅਜਿਤਾ॥	ਅਜਿੱਤਾ	Varanaa Chihanaa Baaharaa Ouhu Agam Ajithaa ||	He has no color or form; He is inaccessible and unconquerable.	ਕਿਉਂਕਿ ਨਾਹ ਉਸ ਦਾ ਕੋਈ ਰੰਗ ਹੈ ਨਾਹ ਨਿਸ਼ਾਨ, ਉਸ ਤਕ ਪਹੁੰਚਿਆ ਨਹੀਂ ਜਾ ਸਕਦਾ, ਉਸ ਨੂੰ ਜਿੱਤਿਆ ਨਹੀਂ ਜਾ ਸਕਦਾ।
41481	965	ਓਹੁ ਪਿਆਰਾ ਜੀਅ ਕਾ ਜੋ ਖੋਲ੍ਹੈ ਭਿਤਾ॥	ਭਿਤਾ:ਪੋਲਾ ਬੋਲੋ ।(ਭਿਤਾ) ਤਾਕ, ਪੜਦਾ	Ouhu Piaaraa Jeea Kaa Jo Kholhai Bhithaa ||	I love Him with all my soul; He opens the door for me.	ਜੇਹੜਾ ਸੱਜਣ (ਮੈਨੂੰ) ਇਹ ਭੇਤ ਸਮਝਾ ਦੇਵੇ, ਉਹ ਮੇਰੀ ਜਿੰਦ-ਜਾਨ ਨੂੰ ਪਿਆਰਾ ਲੱਗੇਗਾ।
41482	965	ਸੇਵਾ ਕਰੀ ਤੁਸਾੜੀਆ ਮੈ ਦਸਿਹੁ ਮਿਤਾ॥	ਮਿੱਤਾ	Saevaa Karee Thusaarreeaa Mai Dhasihu Mithaa ||	I shall serve you forever, if you tell me of my Friend.	ਹੇ ਮਿੱਤਰ! ਮੈਨੂੰ (ਇਹ ਭੇਤ) ਦੱਸੋ, ਮੈਂ ਤੁਹਾਡੀ ਸੇਵਾ ਕਰਾਂਗਾ।
41483	965	ਕੁਰਬਾਣੀ ਵੰਞਾ ਵਾਰਣੈ ਬਲੇ ਬਲਿ ਕਿਤਾ॥	ਕਿਤਾ: ਪੋਲਾ ਬੋਲੋ	Kurabaanee Vannjaa Vaaranai Balae Bal Kithaa ||	I am a sacrifice, a dedicated, devoted sacrifice to Him.	ਮੈਂ ਤੁਹਾਥੋਂ ਸਦਕੇ ਕੁਰਬਾਨ ਵਾਰਨੇ ਜਾਵਾਂਗਾ।

41484	965	ਦਸਨਿ ਸੰਤ ਪਿਆਰਿਆ ਸੁਣਹੁ ਲਾਇ ਚਿਤਾ॥	ਦੱਸਨਿ	Dhasan Santh Piaariaa Sunahu Laae Chithaa ||	The Beloved Saints tell us, to listen with our consciousness.	ਪਿਆਰੇ ਸੰਤ (ਗੁਰਮੁਖਿ ਉਹ ਭੇਤ) ਦੱਸਦੇ ਹਨ (ਤੇ ਆਖਦੇ ਹਨ ਕਿ) ਧਿਆਨ ਨਾਲ ਸੁਣ!
41485	965	ਜਿਸੁ ਲਿਖਿਆ ਨਾਨਕ ਦਾਸ ਤਿਸੁ ਨਾਉ ਅੰਮ੍ਰਿਤੁ ਸਤਿਗੁਰਿ ਦਿਤਾ॥੧੯॥		Jis Likhiaa Naanak Dhaas This Naao Anmrith Sathigur Dhithaa ||19||	One who has such pre-ordained destiny, O slave Nanak, is blessed with the Ambrosial Name by the True Guru. ||19||	ਹੇ ਦਾਸ ਨਾਨਕ! ਜਿਸ ਦੇ ਮੱਥੇ ਉਤੇ ਲੇਖ ਲਿਖਿਆ (ਉੱਘੜਦਾ) ਹੈ ਉਸ ਨੂੰ ਸਤਿਗੁਰੂ ਨੇ ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਬਖ਼ਸ਼ਿਆ ਹੈ ॥੧੯॥
41486	965	ਸਲੋਕ ਮਹਲਾ ੫॥		Salok Mehalaa 5 ||	Shalok, Fifth Mehl:	
41487	965	ਕਬੀਰ ਧਰਤੀ ਸਾਧ ਕੀ ਤਸਕਰ ਬੈਸਹਿ ਗਾਹਿ॥		Kabeer Dhharathee Saadhh Kee Thasakar Baisehi Gaahi ||	Kabeer, the earth belongs to the Holy, but the thieves have come and now sit among them.	ਹੇ ਕਬੀਰ! ਜੇ ਵਿਕਾਰੀ ਮਨੁੱਖ (ਚੰਗੇ ਭਾਗਾਂ ਨਾਲ) ਹੋਰ ਝਾਕ ਛੱਡ ਕੇ ਸਤਿਗੁਰੂ ਦੀ ਸੰਗਤ ਵਿਚ ਆ ਬੈਠਣ, ਤਾਂ ਵਿਕਾਰੀਆਂ ਦਾ ਅਸਰ ਉਸ ਸੰਗਤ ਉਤੇ ਨਹੀਂ ਪੈਂਦਾ।
41488	965	ਧਰਤੀ ਭਾਰਿ ਨ ਬਿਆਪਈ ਉਨ ਕਉ ਲਾਹੂ ਲਾਹਿ॥੧॥		Dhharathee Bhaar N Biaapee Oun Ko Laahoo Laahi ||1||	The earth does not feel their weight; even they profit. ||1||	ਹਾਂ, ਵਿਕਾਰੀ ਬੰਦਿਆਂ ਨੂੰ ਜ਼ਰੂਰ ਲਾਭ ਅੱਪੜਦਾ ਹੈ, ਉਹ ਵਿਕਾਰੀ ਬੰਦੇ ਜ਼ਰੂਰ ਲਾਭ ਉਠਾਂਦੇ ਹਨ ॥੧॥
41489	965	ਮਹਲਾ ੫॥		Mehalaa 5 ||	Fifth Mehl:	

41490	965	ਕਬੀਰ ਚਾਵਲ ਕਾਰਣੇ ਤੁਖ ਕਉ ਮੁਹਲੀ ਲਾਇ॥	ਤੁਖ: ਪੋਲਾ ਬੋਲੋ	Kabeer Chaaval Kaaranae Thukh Ko Muhalee Laae ||	Kabeer, for the sake of the rice, the husks are beaten and threshed.	ਹੇ ਕਬੀਰ! (ਤੋਹਾਂ ਨਾਲੋਂ) ਚੌਲ (ਵੱਖਰੇ ਕਰਨ) ਦੀ ਖ਼ਾਤਰ (ਛੜਨ ਵੇਲੇ) ਤੋਹਾਂ ਨੂੰ ਮੋਹਲੀ (ਦੀ ਸੱਟ) ਵੱਜਦੀ ਹੈ।
41491	965	ਸੰਗਿ ਕੁਸੰਗੀ ਬੈਸਤੇ ਤਬ ਪੂਛੇ ਧਰਮਰਾਇ॥੨॥		Sang Kusangee Baisathae Thab Pooshhae Dhharam Raae ||2||	When one sits in the company of evil people, then he will be called to account by the Righteous Judge of Dharma. ||2||	ਇਸੇ ਤਰ੍ਹਾਂ ਜੋ ਮਨੁੱਖ ਵਿਕਾਰੀਆਂ ਦੀ ਸੁਹਬਤਿ ਵਿਚ ਬੈਠਦਾ ਹੈ (ਉਹ ਭੀ ਵਿਕਾਰਾਂ ਦੀ ਸੱਟ ਖਾਂਦਾ ਹੈ, ਵਿਕਾਰ ਕਰਨ ਲੱਗ ਪੈਂਦਾ ਹੈ) ਉਸ ਤੋਂ ਧਰਮਰਾਜ ਲੇਖਾ ਮੰਗਦਾ ਹੈ ॥੨॥
41492	965	ਪਉੜੀ॥		Pourree ||	Pauree:	
41493	965	ਆਪੇ ਹੀ ਵਡ ਪਰਵਾਰੁ ਆਪਿ ਇਕਾਤੀਆ॥		Aapae Hee Vadd Paravaar Aap Eikaatheeaa ||	He Himself has the greatest family; He Himself is all alone.	ਹੇ ਪ੍ਰਭੂ! ਤੂੰ ਆਪ ਹੀ (ਜਗਤ-ਰੂਪ) ਵੱਡੇ ਪਰਵਾਰ ਵਾਲਾ ਹੈਂ, ਤੇ (ਇਸ ਤੋਂ ਨਿਰਲੇਪ) ਇਕੱਲਾ ਰਹਿਣ ਵਾਲਾ ਭੀ ਹੈਂ।
41494	965	ਆਪਣੀ ਕੀਮਤਿ ਆਪਿ ਆਪੇ ਹੀ ਜਾਤੀਆ॥		Aapanee Keemath Aap Aapae Hee Jaatheeaa ||	He alone knows His own worth.	ਆਪਣੀ ਬਜ਼ੁਰਗੀ ਦੀ ਕਦਰ ਬਣਾਣ ਵਾਲਾ ਭੀ ਤੂੰ ਆਪ ਹੀ ਹੈਂ, ਤੇ ਕਦਰ ਜਾਣਨ ਵਾਲਾ ਭੀ ਤੂੰ ਆਪ ਹੀ ਹੈਂ।
41495	965	ਸਭੁ ਕਿਛੁ ਆਪੇ ਆਪਿ ਆਪਿ ਉਪੰਨਿਆ॥	ਉ-ਪੰਨਿਆ	Sabh Kishh Aapae Aap Aap Oupanniaa ||	He Himself, by Himself, created everything.	ਇਹ ਸਾਰਾ ਜਗਤ ਤੇਰਾ ਆਪਣਾ ਹੀ (ਸਰਗੁਣ) ਰੂਪ ਹੈ, ਤੇ ਇਹ ਤੈਥੋਂ ਹੀ ਇਸ ਦਿੱਸਦੇ ਰੂਪ ਵਿਚ ਆਇਆ ਹੈ।

41496	965	ਆਪਣਾ ਕੀਤਾ ਆਪਿ ਆਪਿ ਵਰੰਨਿਆ॥	ਵ-ਰੰਨਿਆ	Aapanaa Keethaa Aap Aap Varanniaa ||	Only He Himself can describe His own creation.	ਇਸ ਸਾਰੇ ਪੈਦਾ ਕੀਤੇ ਜਗਤ ਨੂੰ ਰੂਪ-ਰੰਗ ਦੇਣ ਵਾਲਾ ਭੀ ਤੂੰ ਆਪ ਹੀ ਹੈਂ।
41497	965	ਧੰਨੁ ਸੁ ਤੇਰਾ ਥਾਨੁ ਜਿਥੈ ਤੂ ਵੁਠਾ॥		Dhhann S Thaeraa Thhaan Jithhai Thoo Vuthaa ||	Blessed is Your place, where You dwell, Lord.	ਉਹ ਅਸਥਾਨ ਭਾਗਾਂ ਵਾਲਾ ਹੈ ਜਿਥੇ, ਹੇ ਪ੍ਰਭੂ! ਤੂੰ ਵੱਸਦਾ ਹੈਂ,
41498	966	ਧੰਨੁ ਸੁ ਤੇਰੇ ਭਗਤ ਜਿਨੀ ਸਚੁ ਤੂੰ ਡਿਠਾ॥		Dhhann S Thaerae Bhagath Jinhee Sach Thoon Ddithaa ||	Blessed are Your devotees, who see You, O True Lord.	ਤੇਰੇ ਉਹ ਭਗਤ ਭਾਗਾਂ ਵਾਲੇ ਹਨ ਜਿਨ੍ਹਾਂ ਨੇ ਤੇਰਾ ਦੀਦਾਰ ਕੀਤਾ ਹੈ।
41499	966	ਜਿਸ ਨੋ ਤੇਰੀ ਦਇਆ ਸਲਾਹੇ ਸੋਇ ਤੁਧੁ॥	ਦ-ਇਆ	Jis No Thaeree Dhaeiaa Salaahae Soe Thudhh ||	He alone praises You, who is blessed by Your Grace.	ਉਹੀ ਬੰਦਾ ਤੇਰੀ ਸਿਫ਼ਤ-ਸਾਲਾਹ ਕਰ ਸਕਦਾ ਹੈ ਜਿਸ ਉਤੇ ਤੇਰੀ ਮੇਹਰ ਹੁੰਦੀ ਹੈ।
41500	966	ਜਿਸੁ ਗੁਰ ਭੇਟੇ ਨਾਨਕ ਨਿਰਮਲ ਸੋਈ ਸੁਧੁ॥੨੦॥		Jis Gur Bhaettae Naanak Niramal Soee Sudhh ||20||	One who meets the Guru, O Nanak, is immaculate and sanctified. ||20||	ਹੇ ਨਾਨਕ! (ਪ੍ਰਭੂ ਦੀ ਮੇਹਰ ਨਾਲ) ਜਿਸ ਨੂੰ ਗੁਰੂ ਮਿਲ ਪਏ, ਉਹ ਸੁੱਧ ਪਵਿਤ੍ਰ (ਜੀਵਨ ਵਾਲਾ) ਹੋ ਜਾਂਦਾ ਹੈ ॥੨੦॥
41501	966	ਸਲੋਕ ਮਃ ੫॥		Salok Ma 5 ||	Shalok, Fifth Mehl:	

41502	966	ਫਰੀਦਾ ਭੂਮਿ ਰੰਗਾਵਲੀ ਮੰਝਿ ਵਿਸੂਲਾ ਬਾਗੁ॥	ਬੁੱਧੀ ਰੂਪੀ (ਭੂਮਿ) ਧਰਤੀ। (ਰੰਗਾਵਲੀ) ਅਨੰਦ ਵਾਲੀ ਸੀ। ਵਿਸ਼ਿਆਂ ਦੀ (ਵਿਸੂਲਾ) ਵਿਹੁ ਵਾਲਾ ਬਾਗ਼ੁ	Fareedhaa Bhoom Rangaavalee Manjh Visoolaa Baag ||	Fareed, this world is beautiful, but there is a thorny garden within it.	ਹੇ ਫਰੀਦ! (ਇਹ) ਧਰਤੀ (ਤਾਂ) ਸੁਹਾਵਣੀ ਹੈ (ਪਰ ਮਨੁੱਖੀ ਮਨ ਦੇ ਟੋਏ ਟਿੱਬਿਆਂ ਦੇ ਕਾਰਨ ਇਸ) ਵਿਚ ਵਿਹੁਲਾ ਬਾਗ਼ (ਲੱਗਾ ਹੋਇਆ) ਹੈ (ਜਿਸ ਵਿਚ ਦੁਖਾਂ ਦੀ ਅੱਗ ਬਲ ਰਹੀ ਹੈ)।
41503	966	ਜੋ ਨਰ ਪੀਰਿ ਨਿਵਾਜਿਆ ਤਿਨ੍ਹਾ ਅੰਚ ਨ ਲਾਗ॥੧॥		Jo Nar Peer Nivaajiaa Thinhaa Anch N Laag ||1||	Those who are blessed by their spiritual teacher are not even scratched. ||1||	ਜਿਸ ਜਿਸ ਮਨੁੱਖ ਨੂੰ ਸਤਿਗੁਰੂ ਨੇ ਉੱਚਾ ਕੀਤਾ ਹੈ, ਉਹਨਾਂ ਨੂੰ (ਦੁੱਖ-ਅਗਨੀ ਦਾ) ਸੇਕ ਨਹੀਂ ਲੱਗਦਾ ॥੧॥
41504	966	ਮਃ ੫॥		Ma 5 ||	Fifth Mehl:	
41505	966	ਫਰੀਦਾ ਉਮਰ ਸੁਹਾਵੜੀ ਸੰਗਿ ਸੁਵੰਨੜੀ ਦੇਹ॥		Fareedhaa Oumar Suhaavarree Sang Suvannarree Dhaeh ||	Fareed, blessed is the life, with such a beautiful body.	ਹੇ ਫਰੀਦ! (ਉਹਨਾਂ ਬੰਦਿਆਂ ਦੀ) ਜ਼ਿੰਦਗੀ ਸੋਖੀ ਹੈ ਅਤੇ ਸਰੀਰ ਭੀ ਸੋਹਣੇ ਰੰਗ ਵਾਲਾ (ਭਾਵ, ਰੋਗ-ਰਹਿਤ) ਹੈ,
41506	966	ਵਿਰਲੇ ਕੇਈ ਪਾਈਅਨ੍ਹਿ ਜਿਨ੍ਹਾ ਪਿਆਰੇ ਨੇਹ॥੨॥		Viralae Kaeee Paaeeanih Jinhaa Piaarae Naeh ||2||	How rare are those who are found to love their Beloved Lord. ||2||	ਜਿਨ੍ਹਾਂ ਦਾ ਪਿਆਰ ਪਿਆਰੇ ਪਰਮਾਤਮਾ ਨਾਲ ਹੈ ('ਵਿਸੂਲਾ ਬਾਗ' ਤੇ 'ਦੁਖ-ਅਗਨੀ' ਉਹਨਾਂ ਨੂੰ ਛੂੰਹਦੇ ਨਹੀਂ, ਪਰ ਅਜੇਹੇ ਬੰਦੇ) ਕੋਈ ਵਿਰਲੇ ਹੀ ਮਿਲਦੇ ਹਨ ॥੨॥
41507	966	ਪਉੜੀ॥		Pourree ||	Pauree:	

41508	966	ਜਪੁ ਤਪੁ ਸੰਜਮੁ ਦਇਆ ਧਰਮੁ ਜਿਸੁ ਦੇਹਿ ਸੁ ਪਾਏ॥		Jap Thap Sanjam Dhaeiaa Dhharam Jis Dhaehi S Paaeae ||	He alone obtains meditation, austerities, self-discipline, compassion and Dharmic faith, whom the Lord so blesses.	ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ (ਨਾਮ ਦੀ ਦਾਤਿ) ਦੇਂਦਾ ਹੈਂ ਉਹ (ਮਾਨੋ) ਜਪ ਤਪ ਸੰਜਮ ਦਇਆ ਤੇ ਧਰਮ ਪ੍ਰਾਪਤ ਕਰ ਲੈਂਦਾ ਹੈ।
41509	966	ਜਿਸੁ ਬੁਝਾਇਹਿ ਅਗਨਿ ਆਪਿ ਸੋ ਨਾਮੁ ਧਿਆਏ॥	ਬੁੱਝਾ–ਇਹਿ	Jis Bujhaaeihi Agan Aap So Naam Dhhiaaeae ||	He alone meditates on the Naam, the Name of the Lord, whose fire the Lord puts out.	(ਪਰ) ਤੇਰਾ ਨਾਮ ਉਹੀ ਸਿਮਰਦਾ ਹੈ ਜਿਸ ਦੀ ਤ੍ਰਿਸ਼ਨਾ-ਅੱਗ ਤੂੰ ਆਪ ਬੁਝਾਂਦਾ ਹੈਂ।
41510	966	ਅੰਤਰਜਾਮੀ ਅਗਮ ਪੁਰਖੁ ਇਕ ਦ੍ਰਿਸਟਿ ਦਿਖਾਏ॥		Antharajaamee Agam Purakh Eik Dhrisatt Dhikhaaeae ||	The Inner-knower, the Searcher of hearts, the Inaccessible Primal Lord, inspires us to look upon all with an impartial eye.	ਘਟ ਘਟ ਦੀ ਜਾਣਨ ਵਾਲਾ ਅਪਹੁੰਚ ਵਿਆਪਕ ਪ੍ਰਭੂ ਜਿਸ ਮਨੁੱਖ ਵਲ ਮੇਹਰ ਦੀ ਇਕ ਨਿਗਾਹ ਕਰਦਾ ਹੈ,
41511	966	ਸਾਧਸੰਗਤਿ ਕੈ ਆਸਰੈ ਪ੍ਰਭ ਸਿਉ ਰੰਗੁ ਲਾਏ॥		Saadhhasangath Kai Aasarai Prabh Sio Rang Laaeae ||	With the support of the Saadh Sangat, the Company of the Holy, one falls in love with God.	ਉਹ ਸਤਸੰਗ ਦੇ ਆਸਰੇ ਰਹਿ ਕੇ ਪਰਮਾਤਮਾ ਨਾਲ ਪਿਆਰ ਪਾ ਲੈਂਦਾ ਹੈ।

41512	966	ਅਉਗਣ ਕਟਿ ਮੁਖੁ ਉਜਲਾ ਹਰਿ ਨਾਮਿ ਤਰਾਏ॥		Aougan Katt Mukh Oujalaa Har Naam Tharaaeae ||	One's faults are eradicated, and one's face becomes radiant and bright; through the Lord's Name, one crosses over.	ਪਰਮਾਤਮਾ ਉਸ ਦੇ ਸਾਰੇ ਅਉਗਣ ਕੱਟ ਕੇ ਉਸ ਨੂੰ ਸੁਰਖ਼ਰੂ ਕਰਦਾ ਹੈ ਤੇ ਆਪਣੇ ਨਾਮ ਦੀ ਰਾਹੀਂ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ।
41513	966	ਜਨਮ ਮਰਣ ਭਉ ਕਟਿਓਨੁ ਫਿਰਿ ਜੋਨਿ ਨ ਪਾਏ॥		Janam Maran Bho Kattioun Fir Jon N Paaeae ||	The fear of birth and death is removed, and he is not reincarnated again.	ਉਸ (ਪਰਮਾਤਮਾ) ਨੇ ਉਸ ਮਨੁੱਖ ਦਾ ਜਨਮ ਮਰਨ ਦਾ ਡਰ ਦੂਰ ਕਰ ਦਿੱਤਾ ਹੈ, ਤੇ ਉਸ ਨੂੰ ਮੁੜ ਜਨਮ ਮਰਨ ਦੇ ਗੇੜ ਵਿਚ ਨਹੀਂ ਪਾਂਦਾ।
41514	966	ਅੰਧ ਕੂਪ ਤੇ ਕਾਢਿਅਨੁ ਲੜੁ ਆਪਿ ਫੜਾਏ॥		Andhh Koop Thae Kaadtian Larr Aap Farraaeae ||	God lifts him up and pulls him out of the deep, dark pit, and attaches him to the hem of His robe.	ਪ੍ਰਭੂ ਨੇ ਜਿਨ੍ਹਾਂ ਨੂੰ ਆਪਣਾ ਪੱਲਾ ਫੜਾਇਆ ਹੈ, ਉਹਨਾਂ ਨੂੰ (ਮਾਇਆ-ਮੋਹ ਦੇ) ਘੁੱਪ ਹਨੇਰੇ ਖੂਹ ਵਿਚੋਂ (ਬਾਹਰ) ਕੱਢ ਲਿਆ ਹੈ।
41515	966	ਨਾਨਕ ਬਖਸਿ ਮਿਲਾਇਅਨੁ ਰਖੇ ਗਲਿ ਲਾਏ॥੨੧॥		Naanak Bakhas Milaaeian Rakhae Gal Laaeae ||21||	O Nanak, God forgives him, and holds him close in His embrace. ||21||	ਹੇ ਨਾਨਕ! ਪ੍ਰਭੂ ਨੇ ਉਹਨਾਂ ਨੂੰ ਮੇਹਰ ਕਰ ਕੇ ਆਪਣੇ ਨਾਲ ਮਿਲਾ ਲਿਆ ਹੈ, ਆਪਣੇ ਗਲ ਨਾਲ ਲਾ ਲਿਆ ਹੈ ॥੨੧॥
41516	966	ਸਲੋਕ ਮਃ ੫॥		Salok Ma 5 ||	Shalok, Fifth Mehl:	
41517	966	ਮੁਹਬਤਿ ਜਿਸੁ ਖੁਦਾਇ ਦੀ ਰਤਾ ਰੰਗਿ ਚਲੂਲਿ॥	ਮੁ-ਹੱਬਤਿ	Muhabath Jis Khudhaae Dhee Rathaa Rang Chalool ||	One who loves God is imbued with the deep crimson color of His love.	ਜਿਸ ਮਨੁੱਖ ਨੂੰ ਰੱਬ ਦਾ ਪਿਆਰ (ਪ੍ਰਾਪਤ ਹੋ ਜਾਂਦਾ ਹੈ), ਤੇ ਉਹ (ਉਸ ਪਿਆਰ ਦੇ) ਗੂੜ੍ਹੇ ਰੰਗ ਵਿਚ ਰੰਗਿਆ ਜਾਂਦਾ ਹੈ,

41518	966	ਨਾਨਕ ਵਿਰਲੇ ਪਾਈਅਹਿ ਤਿਸੁ ਜਨ ਕੀਮ ਨ ਮੂਲਿ॥੧॥	(ਕੀਮ) ਕੀਮਤ। (ਮੂਲਿ) ਉੱਕਾ ਹੀ ਨਹੀਂ।ਪਾਈ-ਅਹਿ	Naanak Viralae Paaeeahi This Jan Keem N Mool ||1||	O Nanak, such a person is rarely found; the value of such a humble person can never be estimated. ||1||	ਉਸ ਮਨੁੱਖ ਦਾ ਮੁੱਲ ਬਿਲਕੁਲ ਨਹੀਂ ਪੈ ਸਕਦਾ। ਪਰ, ਹੇ ਨਾਨਕ! ਅਜੇਹੇ ਬੰਦੇ ਵਿਰਲੇ ਹੀ ਲੱਭਦੇ ਹਨ ॥੧॥
41519	966	ਮਃ ੫॥		Ma 5 ||	Fifth Mehl:	
41520	966	ਅੰਦਰੁ ਵਿਧਾ ਸਚਿ ਨਾਇ ਬਾਹਰਿ ਭੀ ਸਚੁ ਡਿਠੋਮਿ॥		Andhar Vidhhaa Sach Naae Baahar Bhee Sach Ddithom ||	The True Name has pierced the nucleus of my self deep within. Outside, I see the True Lord as well.	ਜਦੋਂ ਮੇਰਾ ਅੰਦਰਲਾ (ਭਾਵ, ਮਨ) ਸੱਚੇ ਨਾਮ ਵਿਚ ਵਿੱਝ ਗਿਆ, ਤਾਂ ਮੈਂ ਬਾਹਰ ਭੀ ਉਸ ਸਦਾ-ਥਿਰ ਪ੍ਰਭੂ ਨੂੰ ਵੇਖ ਲਿਆ।
41521	966	ਨਾਨਕ ਰਵਿਆ ਹਭ ਥਾਇ ਵਨਿ ਤ੍ਰਿਣਿ ਤ੍ਰਿਭਵਣਿ ਰੋਮਿ॥੨॥		Naanak Raviaa Habh Thhaae Van Thrin Thribhavan Rom ||2||	O Nanak, He is pervading and permeating all places, the forests and the meadows, the three worlds, and every hair. ||2||	ਹੇ ਨਾਨਕ! (ਹੁਣ ਮੈਨੂੰ ਇਉਂ ਦਿੱਸਦਾ ਹੈ ਕਿ) ਪਰਮਾਤਮਾ ਹਰੇਕ ਥਾਂ ਵਿਚ ਮੌਜੂਦ ਹੈ, ਹਰੇਕ ਵਣ ਵਿਚ, ਹਰੇਕ ਤੀਲੇ ਵਿਚ, ਸਾਰੇ ਹੀ ਤ੍ਰਿਭਵਣੀ ਸੰਸਾਰ ਵਿਚ, ਰੋਮ ਰੋਮ ਵਿਚ ॥੨॥
41522	966	ਪਉੜੀ॥		Pourree ||	Pauree:	
41523	966	ਆਪੇ ਕੀਤੋ ਰਚਨੁ ਆਪੇ ਹੀ ਰਤਿਆ॥		Aapae Keetho Rachan Aapae Hee Rathiaa ||	He Himself created the Universe; He Himself imbues it.	ਇਹ ਜਗਤ-ਰਚਨਾ ਪ੍ਰਭੂ ਨੇ ਆਪ ਹੀ ਰਚੀ ਹੈ, ਤੇ ਆਪ ਹੀ ਇਸ ਵਿਚ ਮਿਲਿਆ ਹੋਇਆ ਹੈ।

41524	966	ਆਪੇ ਹੋਇਓ ਇਕੁ ਆਪੇ ਬਹੁ ਭਤਿਆ॥		Aapae Hoeiou Eik Aapae Bahu Bhathiaa ||	He Himself is One, and He Himself has numerous forms.	(ਕਦੇ ਰਚਨਾ ਨੂੰ ਸਮੇਟ ਕੇ) ਇਕ ਆਪ ਹੀ ਆਪ ਹੋ ਜਾਂਦਾ ਹੈ, ਤੇ ਕਦੇ ਅਨੇਕਾਂ ਰੰਗਾਂ ਰੂਪਾਂ ਵਾਲਾ ਬਣ ਜਾਂਦਾ ਹੈ।
41525	966	ਆਪੇ ਸਭਨਾ ਮੰਝਿ ਆਪੇ ਬਾਹਰਾ॥		Aapae Sabhanaa Manjh Aapae Baaharaa ||	He Himself is within all, and He Himself is beyond them.	ਪ੍ਰਭੂ ਆਪ ਹੀ ਸਾਰੇ ਜੀਵਾਂ ਵਿਚ ਮੌਜੂਦ ਹੈ, ਤੇ ਨਿਰਲੇਪ ਭੀ ਆਪ ਹੀ ਹੈ।
41526	966	ਆਪੇ ਜਾਣਹਿ ਦੂਰਿ ਆਪੇ ਹੀ ਜਾਹਰਾ॥		Aapae Jaanehi Dhoor Aapae Hee Jaaharaa ||	He Himself is known to be far away, and He Himself is right here.	ਹੇ ਪ੍ਰਭੂ! ਤੂੰ ਆਪ ਹੀ ਆਪਣੇ ਆਪ ਨੂੰ ਰਚਨਾ ਤੋਂ ਵੱਖਰਾ ਜਾਣਦਾ ਹੈਂ, ਤੇ ਆਪ ਹੀ ਹਰ ਥਾਂ ਹਾਜ਼ਰ-ਨਾਜ਼ਰ ਹੈਂ।
41527	966	ਆਪੇ ਹੋਵਹਿ ਗੁਪਤੁ ਆਪੇ ਪਰਗਟੀਐ॥		Aapae Hovehi Gupath Aapae Paragatteeai ||	He Himself is hidden, and He Himself is revealed.	ਤੂੰ ਆਪ ਹੀ ਲੁਕਿਆ ਹੈਂ, ਤੇ ਪਰਗਟ ਭੀ ਆਪ ਹੀ ਹੈਂ।
41528	966	ਕੀਮਤਿ ਕਿਸੈ ਨ ਪਾਇ ਤੇਰੀ ਥਟੀਐ॥		Keemath Kisai N Paae Thaeree Thhatteeai ||	No one can estimate the value of Your Creation, Lord.	ਤੇਰੀ ਇਸ ਰਚਨਾ ਦਾ ਮੁੱਲ ਕਿਸੇ ਨਹੀਂ ਪਾਇਆ।
41529	966	ਗਹਿਰ ਗੰਭੀਰੁ ਅਥਾਹੁ ਅਪਾਰੁ ਅਗਣਤੁ ਤੂੰ॥		Gehir Ganbheer Athhaahu Apaar Aganath Thoon ||	You are deep and profound, unfathomable, infinite and invaluable.	ਤੂੰ ਗੰਭੀਰ ਹੈਂ, ਤੇਰੀ ਹਾਥ ਨਹੀਂ ਪੈ ਸਕਦੀ, ਤੂੰ ਬੇਅੰਤ ਹੈਂ, ਤੇਰੇ ਗੁਣ ਗਿਣੇ ਨਹੀਂ ਜਾ ਸਕਦੇ।

41530	966	ਨਾਨਕ ਵਰਤੈ ਇਕੁ ਇਕੋ ਇਕੁ ਤੂੰ॥੨੨॥੧॥੨॥ਸੁਧੁ ॥		Naanak Varathai Eik Eiko Eik Thoon ||22||1||2|| Sudhh ||	O Nanak, the One Lord is all-pervading. You are the One and only. ||22||1||2|| Sudh||	ਹੇ ਨਾਨਕ! ਹਰ ਥਾਂ ਇਕ ਪ੍ਰਭੂ ਹੀ ਮੌਜੂਦ ਹੈ। ਹੇ ਪ੍ਰਭੂ! ਇਕ ਤੂੰ ਹੀ ਤੂੰ ਹੈਂ ॥੨੨॥੧॥੨॥ ਸੁਧੁ ॥
41531	966	ਰਾਮਕਲੀ ਕੀ ਵਾਰ ਰਾਇ ਬਲਵੰਡਿ ਤਥਾ ਸਤੈ ਡੂਮਿ ਆਖੀ	ਸੱਤੈ	Raamakalee Kee Vaar Raae Balavandd Thathhaa Sathai Ddoom Aakhee	Vaar Of Raamkalee, Uttered By Satta And Balwand The Drummer:	ਰਾਮਕਲੀ ਰਾਗਣੀ ਦੀ ਇਹ ਉਹ 'ਵਾਰ' ਹੈ ਜੋ ਰਾਇ ਬਲਵੰਡ ਨੇ ਅਤੇ ਸੱਤੇ ਡੂਮ ਨੇ ਸੁਣਾਈ ਸੀ।
41532	966	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
41533	966	ਨਾਉ ਕਰਤਾ ਕਾਦਰੁ ਕਰੇ ਕਿਉ ਬੋਲੁ ਹੋਵੈ ਜੋਖੀਵਦੈ॥	(ਜੋਖੀਵਦੈ) ਪੂਰਾ ਤੋਲਿਆ ਜਾ ਰਿਹਾ ਹੈ ਭਾਵ ਪੂਰਨ (ਜੋਖੀਵਦੈ) ਇਨਸਾਫ਼ ਹੋ ਰਿਹਾ ਹੈ। (ਦੂਜਾ ਪਾਠ: ਜੋ ਖੀਵਦੈ)	Naao Karathaa Kaadhar Karae Kio Bol Hovai Jokheevadhai ||	One who chants the Name of the Almighty Creator - how can his words be judged?	(ਕਿਸੇ ਪੁਰਖ ਦਾ) ਜੋ ਨਾਮਣਾ ਕਾਦਰ ਕਰਤਾ ਆਪਿ (ਉੱਚਾ) ਕਰੇ, ਉਸ ਨੂੰ ਤੋਲਣ ਲਈ (ਕਿਸੇ ਪਾਸੋਂ) ਕੋਈ ਗੱਲ ਨਹੀਂ ਹੋ ਸਕਦੀ (ਭਾਵ, ਮੈਂ ਬਲਵੰਡ ਵਿਚਾਰਾ ਕੌਣ ਹਾਂ ਜੋ ਗੁਰੂ ਜੀ ਦੇ ਉੱਚੇ ਮਰਤਬੇ ਨੂੰ ਬਿਆਨ ਕਰ ਸਕਾਂ?)

41534	966	ਦੇ ਗੁਨਾ ਸਤਿ ਭੈਣ ਭਰਾਵ ਹੈ ਪਾਰੰਗਤਿ ਦਾਨੁ ਪੜੀਵਦੈ॥	(ਦੇ) ਸ਼ੁਭ ਗੁਣ। (ਸਤਿ) ਸਤ ਸੰਤੋਖ ਆਦਿ (ਭਾਈ)। ਖਿਮਾ ਸ਼ਾਂਤੀ ਨਿਮ੍ਰਤਾ ਗ੍ਰੀਬੀ ਆਦਿ (ਭੈਣ) ਭੈਣਾਂ। (ਪਾ-ਰੰਗਤਿ) ਪਰਮ ਕਲਿਆਣ ਦਾ ਦਾਨ (ਪੜੀਵਦੈ) ਪ੍ਰਾਪਤ ਹੁੰਦਾ ਹੈ। ਸੱਤਿ	Dhae Gunaa Sath Bhain Bharaav Hai Paarangath Dhaan Parreevadhai ||	His divine virtues are the true sisters and brothers; through them, the gift of supreme status is obtained.	ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਸਕਣ ਵਾਲੀ ਆਤਮ ਅਵਸਥਾ ਦੀ ਬਖ਼ਸ਼ਸ਼ ਹਾਸਲ ਕਰਨ ਲਈ ਜੋ ਸਤਿ ਆਦਿਕ ਰੱਬੀ ਗੁਣ (ਲੋਕ ਬੜੇ ਜਤਨਾਂ ਨਾਲ ਆਪਣੇ ਅੰਦਰ ਪੈਦਾ ਕਰਦੇ ਹਨ, ਉਹ ਗੁਣ ਸਤਿਗੁਰੂ ਜੀ ਦੇ ਤਾਂ) ਭੈਣ ਭਰਾਵ ਹਨ (ਭਾਵ) ਉਹਨਾਂ ਦੇ ਅੰਦਰ ਤਾਂ ਸੁਭਾਵਿਕ ਹੀ ਮੌਜੂਦ ਹਨ।
41535	966	ਨਾਨਕਿ ਰਾਜੁ ਚਲਾਇਆ ਸਚੁ ਕੋਟੁ ਸਤਾਣੀ ਨੀਵ ਦੈ॥	ਗੁਰਿਆਈ ਗੱਦੀ ਦਾ (ਰਾਜੁ)। ਸੱਚੁ ਦੇ (ਕੋਟੁ) ਕਿਲੇ। ਪ੍ਰੇਮਾ-ਭਗਤੀ ਰੂਪੀ (ਸਤਾਣੀ) ਬਲ ਵਾਲੀ, ਨੀਵ ਨੀਂਹ (ਦੈ) ਰੱਖੀ	Naanak Raaj Chalaaeiaa Sach Kott Sathaanee Neev Dhai ||	Nanak established the kingdom; He built the true fortress on the strongest foundations.	(ਇਸ ਉੱਚੇ ਨਾਮਣੇ ਵਾਲੇ ਗੁਰੂ) ਨਾਨਕ ਦੇਵ ਜੀ ਨੇ ਸੱਚ-ਰੂਪ ਕਿਲ੍ਹਾ ਬਣਾ ਕੇ ਅਤੇ ਪੱਕੀ ਨੀਂਹ ਰੱਖ ਕੇ (ਧਰਮ ਦਾ) ਰਾਜ ਚਲਾਇਆ ਹੈ।
41536	966	ਲਹਣੇ ਧਰਿਓਨੁ ਛਤੁ ਸਿਰਿ ਕਰਿ ਸਿਫਤੀ ਅੰਮ੍ਰਿਤੁ ਪੀਵਦੈ॥	ਛੱਤੁ	Lehanae Dhharioun Shhath Sir Kar Sifathee Anmrith Peevadhai ||	He installed the royal canopy over Lehna's head; chanting the Lord's Praises, He drank in the Ambrosial Nectar.	(ਬਾਬਾ) ਲਹਿਣਾ ਜੀ ਦੇ ਸਿਰ ਉਤੇ, ਜੋ ਸਿਫ਼ਤ-ਸਾਲਾਹ ਕਰ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਰਹੇ ਸਨ, ਗੁਰੂ ਨਾਨਕ ਦੇਵ ਜੀ ਨੇ (ਗੁਰਿਆਈ ਦਾ) ਛਤਰ ਧਰਿਆ।

41537	966	ਮਤਿ ਗੁਰ ਆਤਮ ਦੇਵ ਦੀ ਖੜਗਿ ਜੋਰਿ ਪਰਾਕੁਇ ਜੀਅ ਦੈ॥	(ਦੇਵ) ਪਰਮਪੂਜਨੀਕ। (ਗੁਰ) ਪ੍ਰਕਾਸ਼ ਸਰੂਪ। (ਆਤਮ) ਬ੍ਰਹਮ। (ਖਵਗਿ) ਅਕਾਲ। ਗੁਰ ਮਹੱਲੇ ੧ ਜੀ ਨੇ, ਗੁਰਮਤਿ ਦੀ ਮਤਿ ਸਿੱਖਿਆ, ਪਰਾਕੁਇ ਪ੍ਰਾਕਰਮ ਉੱਦਮ। (ਜੋਰਿ) ਬਲ ਵਾਲੇ। (ਆਤਮ) ਸ੍ਰੀ ਅਕਾਲ ਸਾਹਿਬ, ਮਹੱਲੇ ਦੂਜੇ ਜੀ ਦੇ ਜੀਅ ਰਿਦੇ ਚ (ਦੈ) ਦਿਤੇ ਹਨ. ਸਦਾ ਲਈ।	Math Gur Aatham Dhaev Dhee Kharrag Jor Paraakue Jeea Dhai ||	The Guru implanted the almighty sword of the Teachings to illuminate his soul.	ਗੁਰੂ ਅਕਾਲ ਪੁਰਖ ਦੀ (ਬਖ਼ਸ਼ੀ ਹੋਈ) ਮੱਤ-ਰੂਪ ਤਲਵਾਰ ਨਾਲ, ਜ਼ੋਰ ਨਾਲ ਅਤੇ ਬਲ ਨਾਲ (ਅੰਦਰੋਂ ਪਹਿਲਾ ਜੀਵਨ ਕੱਢ ਕੇ) ਆਤਮਕ ਜ਼ਿੰਦਗੀ ਬਖ਼ਸ਼ ਕੇ,
41538	966	ਗੁਰਿ ਚੇਲੇ ਰਹਰਾਸਿ ਕੀਈ ਨਾਨਕਿ ਸਲਾਮਤਿ ਥੀਵਦੈ॥	ਕੀ-ਈ	Gur Chaelae Reharaas Keeee Naanak Salaamath Thheevadhai ||	The Guru bowed down to His disciple, while Nanak was still alive.	(ਹੁਣ) ਆਪਣੀ ਸਲਾਮਤੀ ਵਿਚ ਹੀ ਗੁਰੂ ਨਾਨਕ ਦੇਵ ਜੀ ਨੇ ਆਪਣੇ ਸਿੱਖ (ਬਾਬਾ ਲਹਣਾ ਜੀ) ਅੱਗੇ ਮੱਥਾ ਟੇਕਿਆ,
41539	966	ਸਹਿ ਟਿਕਾ ਦਿਤੋਸੁ ਜੀਵਦੈ॥੧॥	ਟਿੱਕਾ	Sehi Ttikaa Dhithos Jeevadhai ||1||	The King, while still alive, applied the ceremonial mark to his forehead. ||1||	ਤੇ ਸਤਿਗੁਰੂ ਜੀ ਨੇ ਜਿਊਂਦਿਆਂ ਹੀ (ਗੁਰਿਆਈ ਦਾ) ਤਿਲਕ (ਬਾਬਾ ਲਹਣਾ ਜੀ ਨੂੰ) ਦੇ ਦਿੱਤਾ ॥੧॥

41540	966	ਲਹਣੇ ਦੀ ਫੇਰਾਈਐ ਨਾਨਕਾ ਦੋਹੀ ਖਟੀਐ॥	ਖੱਟੀਐ	Lehanae Dhee Faeraaeeai Naanakaa Dhohee Khatteeai ||	Nanak proclaimed Lehna's succession - he earned it.	(ਜਦੋਂ ਗੁਰੂ ਨਾਨਕ ਦੇਵ ਜੀ ਨੇ ਗੁਰਿਆਈ ਦਾ ਤਿਲਕ ਬਾਬਾ ਲਹਣਾ ਜੀ ਨੂੰ ਦੇ ਦਿੱਤਾ, ਤਾਂ) ਗੁਰੂ ਨਾਨਕ ਸਾਹਿਬ ਦੀ ਵਡਿਆਈ ਦੀ ਧੁੰਮ ਦੀ ਬਰਕਤਿ ਨਾਲ, ਬਾਬਾ ਲਹਣਾ ਜੀ ਦੀ ਵਡਿਆਈ ਦੀ ਧੁੰਮ ਪੈ ਗਈ;
41541	966	ਜੋਤਿ ਓਹਾ ਜੁਗਤਿ ਸਾਇ ਸਹਿ ਕਾਇਆ ਫੇਰਿ ਪਲਟੀਐ॥	ਕਾਂਇਆਂ। ਪ-ਲੱਟੀਐ	Joth Ouhaa Jugath Saae Sehi Kaaeiaa Faer Palatteeai ||	They shared the One Light and the same way; the King just changed His body.	ਕਿਉਂਕਿ, (ਬਾਬਾ ਲਹਣਾ ਜੀ ਦੇ ਅੰਦਰ) ਉਹੀ (ਗੁਰੂ ਨਾਨਕ ਸਾਹਿਬ ਵਾਲੀ) ਜੋਤਿ ਸੀ, ਜੀਵਨ ਦਾ ਢੰਗ ਭੀ ਉਹੀ (ਗੁਰੂ ਨਾਨਕ ਸਾਹਿਬ ਵਾਲਾ) ਸੀ, ਗੁਰੂ (ਨਾਨਕ ਦੇਵ ਜੀ) ਨੇ (ਕੇਵਲ ਸਰੀਰ ਹੀ) ਮੁੜ ਵਟਾਇਆ ਸੀ।
41542	966	ਝੁਲੈ ਸੁ ਛਤੁ ਨਿਰੰਜਨੀ ਮਲਿ ਤਖਤੁ ਬੈਠਾ ਗੁਰ ਹਟੀਐ॥	ਝੁੱਲੈ। ਛੱਤੁ। ਮੱਲਿ। ਹੱਟੀਐ	Jhulai S Shhath Niranjanee Mal Thakhath Baithaa Gur Hatteeai ||	The immaculate canopy waves over Him, and He sits on the throne in the Guru's shop.	(ਬਾਬਾ ਲਹਣਾ ਦੇ ਸਿਰ ਉਤੇ) ਸੁੰਦਰ ਰੱਬੀ ਛਤਰ ਝੁੱਲ ਰਿਹਾ ਹੈ। ਗੁਰੂ ਨਾਨਕ ਦੇਵ ਜੀ ਦੀ ਹੱਟੀ ਵਿਚ (ਬਾਬਾ ਲਹਣਾ) (ਗੁਰੂ ਨਾਨਕ ਦੇਵ ਜੀ ਪਾਸੋਂ 'ਨਾਮ' ਪਦਾਰਥ ਲੈ ਕੇ ਵੰਡਣ ਲਈ) ਗੱਦੀ ਮੱਲ ਕੇ ਬੈਠਾ ਹੈ।

41543	966	ਕਰਹਿ ਜਿ ਗੁਰ ਫੁਰਮਾਇਆ ਸਿਲ ਜੋਗੁ ਅਲੂਣੀ ਚਟੀਐ॥	ਚੱਟੀਐ	Karehi J Gur Furamaaeiaa Sil Jog Aloonee Chatteeai ||	He does as the Guru commands; He tasted the tasteless stone of Yoga.	(ਬਾਬਾ ਲਹਣਾ ਜੀ) ਗੁਰੂ ਨਾਨਕ ਸਾਹਿਬ ਦੇ ਫੁਰਮਾਏ ਹੋਏ ਹੁਕਮ ਨੂੰ ਪਾਲ ਰਹੇ ਹਨ- ਇਹ 'ਹੁਕਮ ਪਾਲਣ'-ਰੂਪ ਜੋਗ ਦੀ ਕਮਾਈ ਅਲੂਣੀ ਸਿਲ ਚੱਟਣ (ਵਾਂਗ ਬੜੀ ਕਰੜੀ ਕਾਰ) ਹੈ।
41544	967	ਲੰਗਰੁ ਚਲੈ ਗੁਰ ਸਬਦਿ ਹਰਿ ਤੋਟਿ ਨ ਆਵੀ ਖਟੀਐ॥	ਚੱਲੈ। ਖੱਟੀਐ	Langar Chalai Gur Sabadh Har Thott N Aavee Khatteeai ||	The Langar - the Kitchen of the Guru's Shabad has been opened, and its supplies never run short.	(ਗੁਰੂ ਨਾਨਕ ਦੀ ਹੱਟੀ ਵਿਚ) ਗੁਰੂ ਦੇ ਸ਼ਬਦ ਦੀ ਰਾਹੀਂ (ਨਾਮ ਦਾ) ਲੰਗਰ ਚੱਲ ਰਿਹਾ ਹੈ, (ਪਰ ਬਾਬਾ ਲਹਣਾ ਜੀ ਦੀ) ਨਾਮ-ਕਮਾਈ ਵਿਚ ਕੋਈ ਘਾਟਾ ਨਹੀਂ ਪੈਂਦਾ।
41545	967	ਖਰਚੇ ਦਿਤਿ ਖਸੰਮ ਦੀ ਆਪ ਖਹਦੀ ਖੈਰਿ ਦਬਟੀਐ॥	ਆਪ (ਖਹਦੀ) ਖਾਂਦੇ।(ਖੈਰਿ) ਖਰੈਤ।। (ਦ-ਬੱਟੀਐ) ਦੇਂਦੇ ਹਨ। ਦਿੱਤਿ	Kharachae Dhith Khasanm Dhee Aap Khehadhee Khair Dhabatteeai ||	Whatever His Master gave, He spent; He distributed it all to be eaten.	(ਬਾਬਾ ਲਹਣਾ ਜੀ) ਅਕਾਲ ਪੁਰਖ ਦੀ ਦਿੱਤੀ ਹੋਈ ਨਾਮ-ਦਾਤ ਵੰਡ ਰਹੇ ਹਨ, ਆਪ (ਭੀ) ਵਰਤਦੇ ਹਨ ਤੇ (ਹੋਰਨਾਂ ਨੂੰ ਭੀ) ਦਬਾ-ਦਬ ਦਾਨ ਕਰ ਰਹੇ ਹਨ।

41546	967	ਹੋਵੈ ਸਿਫਤਿ ਖਸੰਮ ਦੀ ਨੂਰੁ ਅਰਸਹੁ ਕੁਰਸਹੁ ਝਟੀਐ॥	ਰਾਗੀ ਸੱਤਾ ਤੇ ਬਲਵੰਡ ਜੀ ਫ਼ੁਰਮਾਉਂਦੇ ਹਨ:ਸ੍ਰੀ ਸਤਿਗੁਰੂ ਸਾਹਿਬ ਜੀ ਦੇ ਚੇਹਰੇ ਸ੍ਰੀਰ (ਕੁਰਸਹੁ) ਤਖ਼ਤ ਉਦਾਲ਼ੇ। (ਅਰਸਹੁ) ਅਕਾਸ਼ ਚ । (ਨੂਰੁ) ਪ੍ਰਕਾਸ਼ ਹੀ ਪ੍ਰਕਾਸ਼। (ਝਟੀਐ) ਝਰਦਾ ਵਰਸਦਾ ਹੈ।	Hovai Sifath Khasanm Dhee Noor Arasahu Kurasahu Jhatteeai ||	The Praises of the Master were sung, and the Divine Light descended from the heavens to the earth.	(ਗੁਰੂ ਅੰਗਦ ਸਾਹਿਬ ਦੇ ਦਰਬਾਰ ਵਿਚ) ਮਾਲਕ ਅਕਾਲ ਪੁਰਖ ਦੀ ਸਿਫ਼ਤ-ਸਾਲਾਹ ਹੋ ਰਹੀ ਹੈ, ਰੂਹਾਨੀ ਦੇਸਾਂ ਤੋਂ (ਉਸ ਦੇ ਦਰ ਤੇ) ਨੂਰ ਝੜ ਰਿਹਾ ਹੈ।
41547	967	ਤੁਧੁ ਡਿਠੇ ਸਚੇ ਪਾਤਿਸਾਹ ਮਲੁ ਜਨਮ ਜਨਮ ਦੀ ਕਟੀਐ॥	ਮਲੁ: ਪੋਲਾ ਬੋਲੋ। ਕੱਟੀਐ	Thudhh Ddithae Sachae Paathisaah Mal Janam Janam Dhee Katteeai ||	Gazing upon You, O True King, the filth of countless past lives is washed away.	ਹੇ ਸੱਚੇ ਸਤਿਗੁਰੂ (ਅੰਗਦ ਦੇਵ ਜੀ)! ਤੇਰਾ ਦੀਦਾਰ ਕੀਤਿਆਂ ਕਈ ਜਨਮਾਂ ਦੀ (ਵਿਕਾਰਾਂ ਦੀ) ਮੈਲ ਕੱਟੀ ਜਾ ਰਹੀ ਹੈ।
41548	967	ਸਚੁ ਜਿ ਗੁਰਿ ਫੁਰਮਾਇਆ ਕਿਉ ਏਦੂ ਬੋਲਹੁ ਹਟੀਐ॥	ਹਟੀਐ: ਪੋਲਾ ਬੋਲੋ	Sach J Gur Furamaaeiaa Kio Eaedhoo Bolahu Hatteeai ||	The Guru gave the True Command; why should we hesitate to proclaim this?	(ਹੇ ਗੁਰੂ ਅੰਗਦ ਸਾਹਿਬ ਜੀ!) ਗੁਰੂ (ਨਾਨਕ ਸਾਹਿਬ) ਨੇ ਜੋ ਭੀ ਹੁਕਮ ਕੀਤਾ, ਆਪ ਨੇ ਸੱਚ (ਕਰਕੇ ਮੰਨਿਆ, ਅਤੇ ਆਪ ਨੇ) ਉਸ ਦੇ ਮੰਨਣ ਤੋਂ ਨਾਂਹ ਨਹੀਂ ਕੀਤੀ;
41549	967	ਪੁਤ੍ਰੀ ਕਉਲੁ ਨ ਪਾਲਿਓ ਕਰਿ ਪੀਰਹੁ ਕੰਨ੍ ਮੁਰਟੀਐ॥	ਪੁੱਤ੍ਰੀਂ।ਕੰਨ੍: ਹਲੰਤ ਲਾਉ।ਮੁ-ਰੱਟੀਐ	Puthree Koul N Paaliou Kar Peerahu Kannh Muratteeai ||	His sons did not obey His Word; they turned their backs on Him as Guru.	(ਸਤਿਗੁਰੂ ਜੀ ਦੇ) ਪੁਤ੍ਰਾਂ ਨੇ ਬਚਨ ਨ ਮੰਨਿਆ, ਉਹ ਗੁਰੂ ਵਲ ਪਿੱਠ ਦੇ ਕੇ ਹੀ (ਹੁਕਮ) ਮੋੜਦੇ ਰਹੇ।

41550	967	ਦਿਲਿ ਖੋਟੈ ਆਕੀ ਫਿਰਨਿ ਬੰਨ੍ਹਿ ਭਾਰੁ ਉਚਾਇਨ੍ਹਿ ਛਟੀਐ॥	ਔਗੁਣਾਂ ਪਾਪਾਂ ਰੂਪੀ ਭਾਰੁ ਬੰਨ੍ਹਿ ਕੇ, (ਛੱਟੀਐ) ਛੱਟ (ਉਚਾਇਨ੍ਹਿ) ਚੁੱਕਦੇ ਹਨ	Dhil Khottai Aakee Firanih Bannih Bhaar Ouchaaeinih Shhatteeai ||	These evil-hearted ones became rebellious; they carry loads of sin on their backs.	ਜੋ ਲੋਕ ਖੋਟਾ ਦਿਲ ਹੋਣ ਦੇ ਕਾਰਨ (ਗੁਰੂ ਵੱਲੋਂ) ਆਕੀ ਹੋਏ ਫਿਰਦੇ ਹਨ, ਉਹ ਲੋਕ (ਦੁਨੀਆ ਦੇ ਧੰਧਿਆਂ ਦੀ) ਛੱਟ ਦਾ ਭਾਰ ਬੰਨ੍ਹ ਕੇ ਚੁੱਕੀ ਰੱਖਦੇ ਹਨ।
41551	967	ਜਿਨਿ ਆਖੀ ਸੋਈ ਕਰੇ ਜਿਨਿ ਕੀਤੀ ਤਿਨੈ ਥਟੀਐ॥	ਥੱਟੀਐ	Jin Aakhee Soee Karae Jin Keethee Thinai Thhatteeai ||	Whatever the Guru said, Lehna did, and so he was installed on the throne.	ਜਿਸ ਗੁਰੂ ਨਾਨਕ ਨੇ ਇਹ ਰਜ਼ਾ-ਮੰਨਣ ਦਾ ਹੁਕਮ ਫੁਰਮਾਇਆ, ਉਹ ਆਪ ਹੀ ਕਾਰ ਕਰਨ ਵਾਲਾ ਸੀ, ਜਿਸ ਨੇ ਇਹ (ਹੁਕਮ-ਖੇਡ) ਰਚੀ, ਉਸ ਨੇ ਆਪ ਹੀ ਬਾਬਾ ਲਹਣਾ ਜੀ ਨੂੰ ਹੁਕਮ ਮੰਨਣ ਦੇ) ਸਮਰੱਥ ਬਣਾਇਆ।
41552	967	ਕਉਣੁ ਹਾਰੇ ਕਿਨਿ ਉਵਟੀਐ॥੨॥	ਹਾਰਨ ਤੋਂ ਉਲਟ (ਉਵਟੀਐ) ਜਿੱਤੇਗਾ। ਉ-ਵੱਟੀਐ	Koun Haarae Kin Ouvatteeai ||2||	Who has lost, and who has won? ||2||	(ਪਰ ਜੀਵਾਂ ਦੇ ਕੀਹ ਵੱਸ ਹੈ? ਆਪਣੀ ਸਮਰੱਥਾ ਦੇ ਆਸਰੇ, ਇਸ ਹੁਕਮ-ਖੇਡ ਵਿਚ) ਨ ਕੋਈ ਹਾਰਨ ਵਾਲਾ ਹੈ ਤੇ ਨ ਕੋਈ ਜਿੱਤਣ-ਜੋਗਾ ਹੈ ॥੨॥

41553	967	ਜਿਨਿ ਕੀਤੀ ਸੋ ਮੰਨਣਾ ਕੋਸਾਲੁ ਜਿਵਾਹੇ ਸਾਲੀ॥	(ਕੋਸਾਲੁ) ਆਗਿਆ ਉਲਟ. ਸਪੁੱਤ੍ਰ। (ਜਿਵਾਹੇ) ਜਿਹੜੇ। (ਸੱਾਲੀ) ਅਨੁਸਾਰੀ ਗੁਰੁ ਅੰਗਦ ਦੇਵ ਸਾਹਿਬ ਜੀ। (ਦੂਜਾ ਪਾਠ: ਕੋ ਸਾਲੁ)	Jin Keethee So Mannanaa Ko Saal Jivaahae Saalee ||	He who did the work, is accepted as Guru; so which is better - the thistle or the rice?	ਜਿਸ (ਗੁਰੂ ਅੰਗਦ ਦੇਵ ਜੀ) ਨੇ (ਨਿਮ੍ਰਤਾ ਵਿਚ ਰਹਿ ਕੇ ਸਤਿਗੁਰੂ ਦਾ ਹੁਕਮ ਮੰਨਣ ਦੀ ਘਾਲ-ਕਮਾਈ) ਕੀਤੀ, ਉਹ ਮੰਨਣ-ਜੋਗ ਹੋ ਗਿਆ। (ਦੋਹਾਂ ਵਿਚੋਂ) ਕੌਣ ਸ੍ਰੇਸ਼ਟ ਹੈ? ਜਿਵਾਂਹ ਕਿ ਮੁੰਜੀ? (ਮੁੰਜੀ ਹੀ ਚੰਗੀ ਹੈ, ਜੋ ਨੀਵੇਂ ਥਾਂ ਪਲਦੀ ਹੈ। ਇਸੇ ਤਰ੍ਹਾਂ ਜੋ ਨੀਵਾਂ ਰਹਿ ਕੇ ਹੁਕਮ ਮੰਨਦਾ ਹੈ ਉਹ ਆਦਰ ਪਾ ਲੈਂਦਾ ਹੈ)।
41554	967	ਧਰਮਰਾਇ ਹੈ ਦੇਵਤਾ ਲੈ ਗਲਾ ਕਰੇ ਦਲਾਲੀ॥	ਗੱਲਾਂ	Dhharam Raae Hai Dhaevathaa Lai Galaa Karae Dhalaalee ||	The Righteous Judge of Dharma considered the arguments and made the decision.	ਗੁਰੂ ਅੰਗਦ ਸਾਹਿਬ ਧਰਮ ਦਾ ਰਾਜਾ ਹੋ ਗਿਆ ਹੈ, ਧਰਮ ਦਾ ਦੇਵਤਾ ਹੋ ਗਿਆ ਹੈ, ਜੀਵਾਂ ਦੀਆਂ ਅਰਜ਼ੋਈਆਂ ਸੁਣ ਕੇ ਪਰਮਾਤਮਾ ਨਾਲ ਜੋੜਨ ਦਾ ਵਿਚੋਲਾ-ਪਨ ਕਰ ਰਿਹਾ ਹੈ।
41555	967	ਸਤਿਗੁਰੁ ਆਖੈ ਸਚਾ ਕਰੇ ਸਾ ਬਾਤ ਹੋਵੈ ਦਰਹਾਲੀ॥	(ਦਰ-ਹੱਾਲੀ) ਛੇਤੀ	Sathigur Aakhai Sachaa Karae Saa Baath Hovai Dharehaalee ||	Whatever the True Guru says, the True Lord does; it comes to pass instantaneously.	(ਹੁਣ) ਸਤਿਗੁਰੂ (ਅੰਗਦ ਦੇਵ) ਜੋ ਬਚਨ ਬੋਲਦਾ ਹੈ ਅਕਾਲ ਪੁਰਖ ਉਹੀ ਕਰਦਾ ਹੈ, ਉਹੀ ਗੱਲ ਤੁਰਤ ਹੋ ਜਾਂਦੀ ਹੈ।

41556	967	ਗੁਰ ਅੰਗਦ ਦੀ ਦੋਹੀ ਫਿਰੀ ਸਚੁ ਕਰਤੈ ਬੰਧਿ ਬਹਾਲੀ॥		Gur Angadh Dhee Dhohee Firee Sach Karathai Bandhh Behaalee ||	Guru Angad was proclaimed, and the True Creator confirmed it.	ਗੁਰੂ ਅੰਗਦ ਦੇਵ (ਜੀ) ਵਡਿਆਈ ਦੀ ਧੁੰਮ ਪੈ ਗਈ ਹੈ, ਸੱਚੇ ਕਰਤਾਰ ਨੇ ਪੱਕੀ ਕਰ ਕੇ ਕਾਇਮ ਕਰ ਦਿੱਤੀ ਹੈ।
41557	967	ਨਾਨਕੁ ਕਾਇਆ ਪਲਟੁ ਕਰਿ ਮਲਿ ਤਖਤੁ ਬੈਠਾ ਸੈ ਡਾਲੀ॥	ਸ਼ੁਭ ਗੁਣਾਂ ਰੂਪ ਸੈਂਕੜੇ (ਡਾਲੀ) ਡਾਲੀਆਂ। ਮੱਲਿ	Naanak Kaaeiaa Palatt Kar Mal Thakhath Baithaa Sai Ddaalee ||	Nanak merely changed his body; He still sits on the throne, with hundreds of branches reaching out.	ਸੈਂਕੜੇ ਸੇਵਕਾਂ ਵਾਲਾ ਗੁਰੂ ਨਾਨਕ ਸਰੀਰ ਵਟਾ ਕੇ (ਭਾਵ, ਗੁਰੂ ਅੰਗਦ ਦੇਵ ਜੀ ਦੇ ਸਰੂਪ ਵਿਚ) ਗੱਦੀ ਸੰਭਾਲ ਕੇ ਬੈਠਾ ਹੋਇਆ ਹੈ (ਗੁਰੂ ਅੰਗਦ ਦੇਵ ਜੀ ਦੇ ਅੰਦਰ ਗੁਰੂ ਨਾਨਕ ਸਾਹਿਬ ਵਾਲੀ ਹੀ ਜੋਤਿ ਹੈ, ਕੇਵਲ ਸਰੀਰ ਪਲਟਿਆ ਹੈ)।
41558	967	ਦਰੁ ਸੇਵੇ ਉਮਤਿ ਖੜੀ ਮਸਕਲੈ ਹੋਇ ਜੰਗਾਲੀ॥	(ਉਮਤਿ) ਸਿੱਖੀ। ਗੁਰਸੇਵਾ ਕਰਨ ਰੂਪ (ਮਸਕਲੈ) ਮਾਂਜਣਾ ਸਿਕਲ ਕਰਨਾ। (ਜੰਗਾਲੀ) ਪਾਪਾਂ ਦੇ ਜੰਗਾਲ ਵਾਲੀ ਬੁੱਧੀ, ਉੱਮਤਿ। ਖੜ੍ਹੀ। ਮਸਕਲੈ	Dhar Saevae Oumath Kharree Masakalai Hoe Jangaalee ||	Standing at His door, His followers serve Him; by this service, their rust is scraped off.	ਸੰਗਤ (ਗੁਰੂ ਅੰਗਦ ਦੇਵ ਜੀ ਦਾ) ਦਰ (ਮੱਲ ਕੇ) ਪ੍ਰੇਮ ਨਾਲ ਸੇਵਾ ਕਰ ਰਹੀ ਹੈ (ਅਤੇ ਆਪਣੇ ਆਤਮਾ ਨੂੰ ਪਵਿਤ੍ਰ ਕਰ ਰਹੀ ਹੈ, ਜਿਵੇਂ) ਜੰਗਾਲੀ ਹੋਈ ਧਾਤ ਮਸਕਲੇ ਨਾਲ (ਸਾਫ਼) ਹੋ ਜਾਂਦੀ ਹੈ।

41559	967	ਦਰਿ ਦਰਵੇਸੁ ਖਸੰਮ ਦੈ ਨਾਇ ਸਚੈ ਬਾਣੀ ਲਾਲੀ॥	ਲੱਾਲੀ	Dhar Dharavaes Khasanm Dhai Naae Sachai Baanee Laalee ||	He is the Dervish - the Saint, at the door of His Lord and Master; He loves the True Name, and the Bani of the Guru's Word.	(ਗੁਰੂ ਨਾਨਕ ਦੇ) ਦਰ ਤੇ (ਗੁਰੂ ਅੰਗਦ) ਨਾਮ ਦੀ ਦਾਤ ਦਾ ਸੁਆਲੀ ਹੈ। ਅਕਾਲ ਪੁਰਖ ਦਾ ਸੱਚਾ ਨਾਮ ਸਿਮਰਨ ਦੀ ਬਰਕਤਿ ਨਾਲ (ਗੁਰੂ ਅੰਗਦ ਸਾਹਿਬ ਦੇ ਮੂੰਹ ਉਤੇ) ਲਾਲੀ ਬਣੀ ਹੋਈ ਹੈ।
41560	967	ਬਲਵੰਡ ਖੀਵੀ ਨੇਕ ਜਨ ਜਿਸੁ ਬਹੁਤੀ ਛਾਉ ਪਤ੍ਰਾਲੀ॥	ਸੱਤਿ, ਸੰਤੋਖ, ਖਿਮਾ, ਨਿਮ੍ਰਤਾ, ਧਰਿਜ, ਪਤੀਬ੍ਰਤਾ ਆਦਿ ਸ਼ੁਭ ਗੁਣਾਂ ਰੂਪੀ (ਪਤ੍ਰਾਲੀ) ਪੱਤਿਆਂ ਵਾਲੀ। ਪੱਤ੍ਰਾਲੀ	Balavandd Kheevee Naek Jan Jis Bahuthee Shhaao Pathraalee ||	Balwand says that Khivi, the Guru's wife, is a noble woman, who gives soothing, leafy shade to all.	ਹੇ ਬਲਵੰਡ! (ਗੁਰੂ ਅੰਗਦ ਦੇਵ ਜੀ ਦੀ ਪਤਨੀ) (ਮਾਤਾ) ਖੀਵੀ ਜੀ (ਭੀ ਆਪਣੇ ਪਤੀ ਵਾਂਗ) ਬੜੇ ਭਲੇ ਹਨ, ਮਾਤਾ ਖੀਵੀ ਜੀ ਦੀ ਛਾਂ ਬਹੁਤ ਪੱਤ੍ਰਾਂ ਵਾਲੀ (ਸੰਘਣੀ) ਹੈ (ਭਾਵ, ਮਾਤਾ ਖੀਵੀ ਜੀ ਦੇ ਪਾਸ ਬੈਠਿਆਂ ਭੀ ਹਿਰਦੇ ਵਿਚ ਸ਼ਾਂਤੀ-ਠੰਢ ਪੈਦਾ ਹੁੰਦੀ ਹੈ)।
41561	967	ਲੰਗਰਿ ਦਉਲਤਿ ਵੰਡੀਐ ਰਸੁ ਅੰਮ੍ਰਿਤੁ ਖੀਰਿ ਘਿਆਲੀ॥	ਘਿਆੱਲੀ	Langar Dhoulath Vanddeeai Ras Anmrith Kheer Ghiaalee ||	She distributes the bounty of the Guru's Langar; the kheer - the rice pudding and ghee, is like sweet ambrosia.	(ਜਿਵੇਂ ਗੁਰੂ ਅੰਗਦ ਦੇਵ ਜੀ ਦੇ ਸਤਸੰਗ-ਰੂਪ) ਲੰਗਰ ਵਿਚ (ਨਾਮ ਦੀ) ਦੌਲਤ ਵੰਡੀ ਜਾ ਰਹੀ ਹੈ, ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਵੰਡਿਆ ਜਾ ਰਿਹਾ ਹੈ (ਤਿਵੇਂ ਮਾਤਾ ਖੀਵੀ ਜੀ ਦੀ ਸੇਵਾ ਸਦਕਾ ਲੰਗਰ ਵਿਚ ਸਭ ਨੂੰ) ਘਿਉ ਵਾਲੀ ਖੀਰ ਵੰਡੀ ਜਾ ਰਹੀ ਹੈ।

41562	967	ਗੁਰਸਿਖਾ ਕੇ ਮੁਖ ਉਜਲੇ ਮਨਮੁਖ ਥੀਏ ਪਰਾਲੀ॥	ਉੱਜਲੇ। ਪਰੱਾਲੀ	Gurasikhaa Kae Mukh Oujalae Manamukh Thheeeae Paraalee ||	The faces of the Guru's Sikhs are radiant and bright; the self-willed manmukhs are pale, like straw.	(ਗੁਰੂ ਅੰਗਦ ਦੇਵ ਜੀ ਦੇ ਦਰ ਤੇ ਆ ਕੇ) ਗੁਰਸਿੱਖਾਂ ਦੇ ਮੱਥੇ ਤਾਂ ਖਿੜੇ ਹੋਏ ਹਨ, ਪਰ ਗੁਰੂ ਵਲੋਂ ਬੇਮੁਖਾਂ ਦੇ ਮੂੰਹ (ਈਰਖਾ ਦੇ ਕਾਰਨ) ਪੀਲੇ ਪੈਂਦੇ ਹਨ।
41563	967	ਪਏ ਕਬੂਲੁ ਖਸੰਮ ਨਾਲਿ ਜਾਂ ਘਾਲ ਮਰਦੀ ਘਾਲੀ॥	ਘੱਾਲੀ	Peae Kabool Khasanm Naal Jaan Ghaal Maradhee Ghaalee ||	The Master gave His approval, when Angad exerted Himself heroically.	ਜਦੋਂ (ਗੁਰੂ ਅੰਗਦ ਦੇਵ ਜੀ ਨੇ) ਮਰਦਾਂ ਵਾਲੀ ਘਾਲ ਘਾਲੀ ਤਾਂ ਉਹ ਆਪਣੇ ਸਤਿਗੁਰੂ (ਗੁਰੂ ਨਾਨਕ) ਦੇ ਦਰ ਤੇ ਕਬੂਲ ਹੋਏ।
41564	967	ਮਾਤਾ ਖੀਵੀ ਸਹੁ ਸੋਇ ਜਿਨਿ ਗੋਇ ਉਠਾਲੀ॥੩॥	ਉਠੱਾਲੀ	Maathaa Kheevee Sahu Soe Jin Goe Outhaalee ||3||	Such is the Husband of mother Khivi; He sustains the world. ||3||	ਮਾਤਾ ਖੀਵੀ ਜੀ ਦਾ ਉਹ ਪਤੀ (ਗੁਰੂ ਅੰਗਦ ਦੇਵ ਐਸਾ ਸੀ) ਜਿਸ ਨੇ (ਸਾਰੀ) ਧਰਤੀ (ਦਾ ਭਾਰ) ਚੁੱਕ ਲਿਆ ਹੋਇਆ ਸੀ ॥੩॥
41565	967	ਹੋਰਿਓ ਗੰਗ ਵਹਾਈਐ ਦੁਨਿਆਈ ਆਖੈ ਕਿ ਕਿਓਨੁ॥	ਕਿਕੀ। (ਕਿਓਨੁ) ਕੀਤਾ। ਪੁੱਤ੍ਰਾਂ ਨੂੰ ਛੱਡ ਕੇ, ਸੇਵਕ ਜੀ ਨੂੰ ਗੁਰਿਆਈ ਬਖ਼ਸ਼ੀ, ਇਹ ਉਲਟੀ ਗੰਗਾ ਵਗਾ ਦਿਤੀ, ਬ੍ਰਿਤੀ ਅਗੁਣਾਂ ਤੋਂ ਉਲਟਾ ਕੇ, ਵਾਹਿਗੁਰੂ ਵੱਲ ਵਗਾ ਦਿੱਤੀ।	Horinou Gang Vehaaeeai Dhuniaaee Aakhai K Kioun ||	It is as if the Guru made the Ganges flow in the opposite direction, and the world wonders: what has he done?	ਦੁਨੀਆ ਆਖਦੀ ਹੈ, (ਗੁਰੂ ਨਾਨਕ) ਨੇ ਹੋਰ ਪਾਸੇ ਵਲੋਂ ਹੀ ਗੰਗਾ ਚਲਾ ਦਿੱਤੀ ਹੈ। ਇਹ ਉਸ ਨੇ ਕੀਹ ਕੀਤਾ ਹੈ?

41566	967	ਨਾਨਕ ਈਸਰਿ ਜਗਨਾਥਿ ਉਚ ਹਦੀ ਵੈਣੁ ਵਿਰਿਕਿਓਨੁ॥	ਔਗੁਣਾਂ ਦੀ (ਹਦੀ) ਹੱਦ ਤੋਂ ਉੱਚੇ। (ਵੈਣੁ) ਬਚਨ। (ਵਿ-ਰਿੱਕਿਓਨੁ) ਵਰਨਣ ਕੀਤੇ ਹਨ। ਜੱਗਨਾਥਿ, ਉੱਚ, ਹੱਦੀ	Naanak Eesar Jaganaathh Ouchehadhee Vain Virikioun ||	Nanak, the Lord, the Lord of the World, spoke the words out loud.	ਜਗਤ ਦੇ ਨਾਥ ਗੁਰੂ ਨਾਨਕ ਨੇ ਹੱਦ ਦਾ ਉੱਚਾ ਬਚਨ ਬੋਲਿਆ ਹੈ।
41567	967	ਮਾਧਾਣਾ ਪਰਬਤੁ ਕਰਿ ਨੇਤ੍ਰਿ ਬਾਸਕੁ ਸਬਦਿ ਰਿੜਕਿਓਨੁ॥	(ਬਾਸਕੁ) ਨਾਗ ਦਾ ਨੇਤ੍ਰਿ ਨੇਤ੍ਰਾ।(ਸਬਦਿ) ਸਮੁੰਦ੍ਰ। (ਰਿੜ-ਕਿੱਓਨੁ) ਕਸਕੇ	Maadhhaanaa Parabath Kar Naethr Baasak Sabadh Rirrakioun ||	Making the mountain his churning stick, and the snake-king his churning string, He has churned the Word of the Shabad.	ਉਸ (ਗੁਰੂ ਨਾਨਕ) ਨੇ ਉੱਚੀ ਸੁਰਤ ਨੂੰ ਮਧਾਣੀ ਬਣਾ ਕੇ, (ਮਨ-ਰੂਪ) ਬਾਸਕ ਨਾਗ ਨੂੰ ਨੇਤ੍ਰੇ ਵਿਚ ਪਾ ਕੇ (ਭਾਵ, ਮਨ ਨੂੰ ਕਾਬੂ ਕਰ ਕੇ) 'ਸ਼ਬਦ' ਵਿਚ ਰੇੜਕਾ ਪਾਇਆ (ਭਾਵ, 'ਸ਼ਬਦ' ਨੂੰ ਵਿਚਾਰਿਆ; ਇਸ ਤਰ੍ਹਾਂ)
41568	967	ਚਉਦਹ ਰਤਨ ਨਿਕਾਲਿਅਨੁ ਕਰਿ ਆਵਾ ਗਉਣੁ ਚਿਲਕਿਓਨੁ॥	ਚਿਲ-ਕਿੱਓਨੁ: ਕਸਕੇ	Choudheh Rathan Nikaalian Kar Aavaa Goun Chilakioun ||	From it, He extracted the fourteen jewels, and illuminated the world.	ਉਸ (ਗੁਰੂ ਨਾਨਕ) ਨੇ (ਇਸ 'ਸ਼ਬਦ'-ਸਮੁੰਦਰ ਵਿਚੋਂ 'ਰੱਬੀ ਗੁਣ'-ਰੂਪ) ਚੌਦਾਂ ਰਤਨ (ਜਿਵੇਂ ਸਮੁੰਦਰ ਵਿਚੋਂ ਦੇਵਤਿਆਂ ਨੇ ਚੌਦਾਂ ਰਤਨ ਕੱਢੇ ਸਨ) ਕੱਢੇ ਤੇ (ਇਹ ਉੱਦਮ ਕਰ ਕੇ) ਸੰਸਾਰ ਨੂੰ ਸੋਹਣਾ ਬਣਾ ਦਿੱਤਾ।
41569	967	ਕੁਦਰਤਿ ਅਹਿ ਵੇਖਾਲੀਅਨੁ ਜਿਣਿ ਐਵਡ ਪਿਡ ਠਿਣਕਿਓਨੁ॥	ਠਿਣ-ਕਿੱਓਨ: ਕਸਕੇ	Kudharath Ahi Vaekhaaleean Jin Aivadd Pidd Thinakioun ||	He revealed such creative power, and touched such greatness.	ਉਸ (ਗੁਰੂ ਨਾਨਕ) ਨੇ ਐਸੀ ਸਮਰੱਥਾ ਵਿਖਾਈ ਕਿ (ਪਹਿਲਾਂ ਬਾਬਾ ਲਹਣਾ ਜੀ ਦਾ ਮਨ) ਜਿੱਤ ਕੇ ਇਤਨੀ ਉੱਚੀ ਆਤਮਾ ਨੂੰ ਪਰਖਿਆ,

41570	967	ਲਹਣੇ ਧਰਿਓਨੁ ਛਤ੍ਰੁ ਸਿਰਿ ਅਸਮਾਨਿ ਕਿਆੜਾ ਛਿਕਿਓਨੁ॥	(ਲਹਣੇ) ਗੁਰੂ ਅੰਗਦ ਸਾਹਿਬ ਜੀ ਦੇ ਜਸ ਦਾ (ਕਿਆੜਾ) ਚੰਦੋਆ। ਅਸਮਾਨ ਤੱਕ (ਛਿੱਕਿਓਨੁ) ਤਾਣ ਦਿੱਤਾ	Lehanae Dhharioun Shhathra Sir Asamaan Kiaarraa Shhikioun ||	He raised the royal canopy to wave over the head of Lehna, and raised His glory to the skies.	(ਫਿਰ) ਬਾਬਾ ਲਹਣਾ ਜੀ ਦੇ ਸਿਰ ਉਤੇ (ਗੁਰਿਆਈ ਦਾ) ਛਤਰ ਧਰਿਆ ਤੇ (ਉਹਨਾਂ ਦੀ) ਸੋਭਾ ਅਸਮਾਨ ਤਕ ਅਪੜਾਈ।
41571	967	ਜੋਤਿ ਸਮਾਣੀ ਜੋਤਿ ਮਾਹਿ ਆਪੁ ਆਪੈ ਸੇਤੀ ਮਿਕਿਓਨੁ॥	ਮਿੱਕਿਓਨੁ	Joth Samaanee Joth Maahi Aap Aapai Saethee Mikioun ||	His Light merged into the Light, and He blended Him into Himself.	(ਗੁਰੂ ਨਾਨਕ ਸਾਹਿਬ ਦੀ) ਆਤਮਾ (ਬਾਬਾ ਲਹਣਾ ਜੀ ਦੀ) ਆਤਮਾ ਵਿਚ ਇਉਂ ਮਿਲ ਗਈ ਕਿ ਗੁਰੂ ਨਾਨਕ ਨੇ ਆਪਣੇ ਆਪ ਨੂੰ ਆਪਣੇ 'ਆਪੇ' (ਬਾਬਾ ਲਹਣਾ ਜੀ) ਨਾਲ ਸਾਂਵਾਂ ਕਰ ਲਿਆ।
41572	967	ਸਿਖਾਂ ਪੁਤ੍ਰਾਂ ਘੋਖਿ ਕੈ ਸਭ ਉਮਤਿ ਵੇਖਹੁ ਜਿ ਕਿਓਨੁ॥	(ਉਮਤਿ) ਸਿੱਖੀ। (ਘੋਖਿ) ਖੋਜ ਕੇ। (ਵੇਖਹੁ) ਦੇਖੋ। (ਜਿ) ਜੋ ਸ੍ਰਬੱਤ ਦਾ ਭਲਾ (ਕਿਓਨੁ) ਕੀਤਾ। ਸਿੱਖਾਂ ਪੁੱਤਾਂ। (ਕਿਓਨੁ) ਕਸਕੇ	Sikhaan Puthraan Ghokh Kai Sabh Oumath Vaekhahu J Kioun ||	Guru Nanak tested His Sikhs and His sons, and everyone saw what happened.	ਹੇ ਸਾਰੀ ਸੰਗਤ! ਵੇਖੋ, ਜੋ ਉਸ (ਗੁਰੂ ਨਾਨਕ) ਨੇ ਕੀਤਾ, ਆਪਣੇ ਸਿੱਖਾਂ ਤੇ ਪੁਤ੍ਰਾਂ ਨੂੰ ਪਰਖ ਕੇ-
41573	967	ਜਾਂ ਸੁਧੋਸੁ ਤਾਂ ਲਹਣਾ ਟਿਕਿਓਨੁ॥੪॥	(ਜਾਂ) ਜਦੋਂ ਪਰਖਿਆ, ਸੁੱਧੋਸੁ ਵੀਚਾਰਿਆ। ਟਿੱਕਿਓਨੁ	Jaan Sudhhos Thaan Lehanaa Ttikioun ||4||	When Lehna alone was found to be pure, then He was set on the throne. ||4||	ਜਦੋਂ ਉਸ ਨੇ ਸੁਧਾਈ ਕੀਤੀ ਤਾਂ ਉਸ ਨੇ (ਆਪਣੇ ਥਾਂ ਲਈ ਬਾਬਾ) ਲਹਣਾ (ਜੀ ਨੂੰ) ਚੁਣਿਆ ॥੪॥

41574	967	ਫੇਰਿ ਵਸਾਇਆ ਫੇਰੁਆਣਿ ਸਤਿਗੁਰਿ ਖਾਡੂਰੁ॥	(ਫੇਰੁਆਣਿ) ਬਾਬਾ ਫੇਰੂਮੱਲ ਜੀ ਦੇ ਗੁਰਮੁਖਿ ਸਪੁੱਤ੍ਰ ਸਤਿਗੁਰੂ ਅੰਗਦਦੇਵ ਸਾਹਿਬ ਜੀ ਨੂੰ ਹੰਕਾਰੀ ਤਪੇ ਨੇ, ਜੱਟਾਂ ਤੋਂ ਬਾਹਰ ਕਢਵਾਇਆ ਸੀ, (ਫੇਰਿ) ਮੁੜ ਕੇ, (ਖਾਡੂਰੁ) ਸ੍ਰੀ ਖ਼ਡੂਰ ਸਾਹਿਬ ਜੀ ਵਸਾਏ	Faer Vasaaeiaa Faeruaan Sathigur Khaaddoor ||	Then, the True Guru, the son of Pheru, came to dwell at Khadoor.	ਫਿਰ (ਜਦੋਂ ਬਾਬਾ ਲਹਣਾ ਜੀ ਨੂੰ ਗੁਰਿਆਈ ਮਿਲੀ ਤਾਂ) ਬਾਬਾ ਫੇਰੂ ਜੀ ਦੇ ਪੁਤ੍ਰ ਸਤਿਗੁਰੂ ਨੇ ਖਡੂਰ ਦੀ ਰੌਣਕ ਵਧਾਈ (ਭਾਵ, ਕਰਤਾਰਪੁਰ ਤੋਂ ਖਡੂਰ ਆ ਟਿਕੇ)।
41575	967	ਜਪੁ ਤਪੁ ਸੰਜਮੁ ਨਾਲਿ ਤੁਧੁ ਹੋਰੁ ਮੁਚੁ ਗਰੂਰੁ॥		Jap Thap Sanjam Naal Thudhh Hor Much Garoor ||	Meditation, austerities and self-discipline rest with You, while the others are filled with excessive pride.	(ਹੇ ਸਤਿਗੁਰੂ!) ਹੋਰ ਜਗਤ ਤਾਂ ਬਹੁਤ ਅਹੰਕਾਰ ਕਰਦਾ ਹੈ, ਪਰ ਤੇਰੇ ਪਾਸ ਜਪ ਤਪ ਸੰਜਮ (ਆਦਿਕ ਦੀ ਬਰਕਤਿ ਹੋਣ ਕਰ ਕੇ ਤੂੰ ਪਹਿਲੇ ਵਾਂਗ ਗਰੀਬੀ ਸੁਭਾਵ ਵਿਚ ਹੀ) ਰਿਹਾ।
41576	967	ਲਬੁ ਵਿਣਾਹੇ ਮਾਣਸਾ ਜਿਉ ਪਾਣੀ ਬੂਰੁ॥	(ਵਿਣਾਹੇ) ਨਾਸ ਕਰਦਾ ਹੈ। ਲੱਬ	Lab Vinaahae Maanasaa Jio Paanee Boor ||	Greed ruins mankind, like the green algae in the water.	ਜਿਵੇਂ ਪਾਣੀ ਨੂੰ ਬੂਰ ਖ਼ਰਾਬ ਕਰਦਾ ਹੈ ਤਿਵੇਂ ਮਨੁੱਖਾਂ ਨੂੰ ਲੱਬ ਤਬਾਹ ਕਰਦਾ ਹੈ,
41577	967	ਵਰ੍ਹਿਐ ਦਰਗਹ ਗੁਰੂ ਕੀ ਕੁਦਰਤੀ ਨੂਰੁ॥		Varihaai Dharageh Guroo Kee Kudharathee Noor ||	In the Guru's Court, the Divine Light shines in its creative power.	(ਪਰ) ਗੁਰੂ (ਨਾਨਕ) ਦੀ ਦਰਗਾਹ ਵਿਚ ('ਨਾਮ' ਦੀ) ਵਰਖਾ ਹੋਣ ਕਰ ਕੇ (ਹੇ ਗੁਰੂ ਅੰਗਦ! ਤੇਰੇ ਉਤੇ) ਰੱਬੀ ਨੂਰ (ਡਲ੍ਹਕਾਂ ਮਾਰ ਰਿਹਾ) ਹੈ।

41578	967	ਜਿਤੁ ਸੁ ਹਾਥ ਨ ਲਭਈ ਤੂੰ ਓਹੁ ਠਰੂਰੁ॥	ਲੱ–ਭਈ	Jith S Haathh N Labhee Thoon Ouhu Tharoor ||	You are the cooling peace, whose depth cannot be found.	ਤੂੰ ਉਹ ਸੀਤਲ ਸਮੁੰਦਰ ਹੈਂ ਜਿਸ ਦੀ ਥਾਹ ਨਹੀਂ ਪਾਈ ਜਾ ਸਕਦੀ।
41579	967	ਨਉ ਨਿਧਿ ਨਾਮੁ ਨਿਧਾਨੁ ਹੈ ਤੁਧੁ ਵਿਚਿ ਭਰਪੂਰੁ॥		No Nidhh Naam Nidhhaan Hai Thudhh Vich Bharapoor ||	You are overflowing with the nine treasures, and the treasure of the Naam, the Name of the Lord.	ਜੋ (ਜਗਤ ਦੇ) ਨੌਂ ਹੀ ਖ਼ਜ਼ਾਨੇ-ਰੂਪ ਪ੍ਰਭੂ ਦਾ ਨਾਮ-ਖ਼ਜ਼ਾਨਾ ਹੈ, (ਹੇ ਗੁਰੂ!) (ਉਹ ਖ਼ਜ਼ਾਨਾ) ਤੇਰੇ ਹਿਰਦੇ ਵਿਚ ਨਕਾ-ਨਕ ਭਰਿਆ ਹੋਇਆ ਹੈ।
41580	967	ਨਿੰਦਾ ਤੇਰੀ ਜੋ ਕਰੇ ਸੋ ਵੰਞੈ ਚੂਰੁ॥		Nindhaa Thaeree Jo Karae So Vannjai Choor ||	Whoever slanders You will be totally ruined and destroyed.	(ਹੇ ਗੁਰੂ ਅੰਗਦ!) ਜੋ ਮਨੁੱਖ ਤੇਰੀ ਨਿੰਦਿਆ ਕਰੇ ਉਹ (ਆਪੇ ਹੀ) ਤਬਾਹ ਹੋ ਜਾਂਦਾ ਹੈ (ਉਹ ਆਪੇ ਹੀ ਆਪਣੀ ਆਤਮਕ ਮੌਤ ਸਹੇੜ ਲੈਂਦਾ ਹੈ)।
41581	967	ਨੇੜੈ ਦਿਸੈ ਮਾਤ ਲੋਕ ਤੁਧੁ ਸੁਝੈ ਦੂਰੁ॥	ਸੁੱਝੈ	Naerrai Dhisai Maath Lok Thudhh Sujhai Dhoor ||	People of the world can see only what is near at hand, but You can see far beyond.	ਸੰਸਾਰਕ ਜੀਆਂ ਨੂੰ ਤਾਂ ਨੇੜੇ ਦੇ ਹੀ ਪਦਾਰਥ ਦਿੱਸਦੇ ਹਨ (ਉਹ ਦੁਨੀਆ ਦੀ ਖ਼ਾਤਰ ਨਿੰਦਿਆ ਦਾ ਪਾਪ ਕਰ ਬੈਠਦੇ ਹਨ, ਇਸ ਦਾ ਸਿੱਟਾ ਨਹੀਂ ਜਾਣਦੇ, ਪਰ ਹੇ ਗੁਰੂ!) ਤੈਨੂੰ ਅਗਾਂਹ ਵਾਪਰਨ ਵਾਲਾ ਹਾਲ ਭੀ ਸੁੱਝਦਾ ਹੈ।

41582	967	ਫੇਰਿ ਵਸਾਇਆ ਫੇਰੁਆਣਿ ਸਤਿਗੁਰਿ ਖਾਡੂਰੁ॥੫॥		Faer Vasaaeiaa Faeruaan Sathigur Khaaddoor ||5||	Then the True Guru, the son of Pheru, came to dwell at Khadoor. ||5||	ਫਿਰ ਬਾਬਾ ਫੇਰੂ ਜੀ ਦੇ ਪੁਤ੍ਰ ਸਤਿਗੁਰੂ (ਅੰਗਦ ਦੇਵ ਜੀ) ਨੇ ਖਡੂਰ ਨੂੰ ਭਾਗ ਲਾਇਆ ॥੫॥
41583	968	ਸੋ ਟਿਕਾ ਸੋ ਬੈਹਣਾ ਸੋਈ ਦੀਬਾਣੁ॥		So Ttikaa So Baihanaa Soee Dheebaan ||	The same mark on the forehead, the same throne, and the same Royal Court.	(ਗੁਰੂ ਅਮਰਦਾਸ ਦੇ ਮੱਥੇ ਉਤੇ ਭੀ) ਉਹੀ ਨੂਰ ਹੈ, (ਇਸ ਦਾ ਭੀ) ਉਹੀ ਤਖ਼ਤ ਹੈ, ਉਹੀ ਦਰਬਾਰ ਹੈ (ਜੋ ਗੁਰੂ ਨਾਨਕ ਤੇ ਗੁਰੂ ਅੰਗਦ ਸਾਹਿਬ ਦਾ ਸੀ)।
41584	968	ਪਿਯੂ ਦਾਦੇ ਜੇਵਿਹਾ ਪੋਤਾ ਪਰਵਾਣੁ॥	(ਪਿਯੂ) ਸਤਿਗੁਰੂ ਅੰਗਦਦੇਵ ਸਾਹਿਬ ਜੀ, (ਦਾਦੇ) ਗੁਰੂ ਨਾਨਕ ਸਾਹਿਬ ਜੀ, (ਜੇਵਿਹਾ) ਜੈਸੇ। (ਪੋਤਾ) ਗੁਰੂ ਅਮਰਦਾਸ ਸਾਹਿਬ ਜੀ।ਪਿ-ਯੂ: ਯੂ ਤਾਲੂ ਤੋਂ ਬੋਲੋ	Piyoo Dhaadhae Jaevihaa Pothaa Paravaan ||	Just like the father and grandfather, the son is approved.	ਪੋਤਰਾ-ਗੁਰੂ (ਗੁਰੂ ਅਮਰਦਾਸ ਭੀ) ਮੰਨਿਆ-ਪ੍ਰਮੰਨਿਆ (ਗੁਰੂ) ਹੈ (ਕਿਉਂਕਿ ਉਹ ਭੀ) ਗੁਰੂ ਨਾਨਕ ਤੇ ਗੁਰੂ ਅੰਗਦ ਸਾਹਿਬ ਵਰਗਾ ਹੀ ਹੈ।
41585	968	ਜਿਨਿ ਬਾਸਕੁ ਨੇਤ੍ਰੈ ਘਤਿਆ ਕਰਿ ਨੇਹੀ ਤਾਣੁ॥	(ਤਾਣੁ) ਬਲ ਵਾਲੀ (ਨੇਹੀ) ਬਣਾਈ	Jin Baasak Naethrai Ghathiaa Kar Naehee Thaan ||	He took the thousand-headed serpent as his churning string,	ਇਸ ਗੁਰੂ ਅਮਰਦਾਸ ਨੇ ਭੀ ਆਤਮਕ ਬਲ ਨੂੰ ਨੇਹਣੀ ਬਣਾ ਕੇ (ਮਨ-ਰੂਪ) ਨਾਗ ਨੂੰ ਨੇਤ੍ਰੇ ਵਿਚ ਪਾਇਆ ਹੈ,

41586	968	ਜਿਨਿ ਸਮੁੰਦੁ ਵਿਰੋਲਿਆ ਕਰਿ ਮੇਰੁ ਮਧਾਣੁ॥		Jin Samundh Viroliaa Kar Maer Madhhaan ||	and with the force of devotional love, he churned the ocean of the world with his churning stick, the Sumayr mountain.	ਇਸ ਗੁਰੂ ਅਮਰਦਾਸ ਨੇ ਭੀ ਆਤਮਕ ਬਲ ਨੂੰ ਨੇਹਣੀ ਬਣਾ ਕੇ (ਮਨ-ਰੂਪ) ਨਾਗ ਨੂੰ ਨੇਤ੍ਰੇ ਵਿਚ ਪਾਇਆ ਹੈ,
41587	968	ਚਉਦਹ ਰਤਨ ਨਿਕਾਲਿਅਨੁ ਕੀਤੋਨੁ ਚਾਨਾਣੁ॥		Choudheh Rathan Nikaalian Keethon Chaanaan ||	He extracted the fourteen jewels, and brought forth the Divine Light.	(ਉੱਚੀ ਸੁਰਤ-ਰੂਪ) ਸੁਮੇਰ ਪਰਬਤ ਨੂੰ ਮਧਾਣੀ ਬਣਾ ਕੇ (ਗੁਰ-ਸ਼ਬਦ ਰੂਪ) ਸਮੁੰਦਰ ਨੂੰ ਰਿੜਕਿਆ ਹੈ,
41588	968	ਘੋੜਾ ਕੀਤੋ ਸਹਜ ਦਾ ਜਤੁ ਕੀਓ ਪਲਾਣੁ॥		Ghorraa Keetho Sehaj Dhaa Jath Keeou Palaan ||	He made intuition his horse, and chastity his saddle.	(ਉਸ 'ਸ਼ਬਦ-ਸਮੁੰਦਰ' ਵਿਚੋਂ ਰੱਬੀ ਗੁਣ-ਰੂਪ) ਚੌਦਾਂ ਰਤਨ ਕੱਢੇ (ਜਿਨ੍ਹਾਂ ਨਾਲ) ਉਸ ਨੇ (ਜਗਤ ਵਿਚ ਆਤਮਕ ਜੀਵਨ ਦੀ ਸੂਝ ਦਾ) ਚਾਨਣ ਪੈਦਾ ਕੀਤਾ।
41589	968	ਧਣਖੁ ਚੜਾਇਓ ਸਤ ਦਾ ਜਸ ਹੰਦਾ ਬਾਣੁ॥	ਹੰਦਾਦਾ। ਚੜ੍ਹਾਇਓ	Dhhanakh Charraaeiou Sath Dhaa Jas Handhaa Baan ||	He placed the arrow of the Lord's Praise in the bow of Truth.	(ਗੁਰੂ ਅਮਰਦਾਸ ਨੇ) ਸਹਿਜ-ਅਵਸਥਾ ਦਾ ਘੋੜਾ ਬਣਾਇਆ, ਵਿਕਾਰਾਂ ਵਲੋਂ ਇੰਦ੍ਰਿਆਂ ਨੂੰ ਰੋਕ ਰੱਖਣ ਦੀ ਤਾਕਤ ਨੂੰ ਕਾਠੀ ਬਣਾਇਆ;
41590	968	ਕਲਿ ਵਿਚਿ ਧੂ ਅੰਧਾਰੁ ਸਾ ਚੜਿਆ ਰੈ ਭਾਣੁ॥	ਬ੍ਰਹਮਗਿਆਨ ਰੂਪ (ਰੈ) ਕਿਰਨਾਂ ਵਾਲੇ, ਗੁਰੂ ਰੂਪ (ਭਾਣੁ) ਸੂਰਜ ਚੜ੍ਹੇ	Kal Vich Dhhoo Andhhaar Saa Charriaa Rai Bhaan ||	In this Dark Age of Kali Yuga, there was only pitch darkness. Then, He rose like the sun to illuminate the darkness.	ਸੁੱਚੇ ਆਚਰਨ ਦਾ ਕਮਾਨ ਕੱਸਿਆ ਤੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਤੀਰ (ਪਕੜਿਆ)।

41591	968	ਸਤਹੁ ਖੇਤੁ ਜਮਾਇਓ ਸਤਹੁ ਛਾਵਾਣੁ॥		Sathahu Khaeth Jamaaeiou Sathahu Shhaavaan ||	He farms the field of Truth, and spreads out the canopy of Truth.	ਸੰਸਾਰ ਵਿਚ (ਵਿਕਾਰਾਂ ਦਾ) ਘੁੱਪ ਹਨੇਰਾ ਸੀ। (ਗੁਰੂ ਅਮਰਦਾਸ, ਮਾਨੇ) ਕਿਰਨਾਂ ਵਾਲਾ ਸੂਰਜ ਚੜ੍ਹ ਪਿਆ,
41592	968	ਨਿਤ ਰਸੋਈ ਤੇਰੀਐ ਘਿਉ ਮੈਦਾ ਖਾਣੁ॥	(ਖਾਣੁ) ਖਾਣ ਯੋਗ ਪ੍ਰਸ਼ਾਦਿ	Nith Rasoee Thaereeai Ghio Maidhaa Khaan ||	Your kitchen always has ghee and flour to eat.	ਜਿਸ ਨੇ 'ਸਤ' ਦੇ ਬਲ ਨਾਲ ਹੀ (ਉੱਜੜੀ) ਖੇਤੀ ਜਮਾਈ ਤੇ 'ਸਤ' ਨਾਲ ਹੀ ਉਸ ਦੀ ਰਾਖੀ ਕੀਤੀ।
41593	968	ਚਾਰੇ ਕੁੰਡਾਂ ਸੁਝੀਓਸੁ ਮਨ ਮਹਿ ਸਬਦੁ ਪਰਵਾਣੁ॥	(ਸੁੱਝੀ) ਓਸੁ	Chaarae Kunddaan Sujheeous Man Mehi Sabadh Paravaan ||	You understand the four corners of the universe; in your mind, the Word of the Shabad is approved and supreme.	(ਹੇ ਗੁਰੂ ਅਮਰਦਾਸ!) ਤੇਰੇ ਲੰਗਰ ਵਿਚ (ਭੀ) ਨਿੱਤ ਘਿਉ, ਮੈਦਾ ਤੇ ਖੰਡ (ਆਦਿਕ ਉੱਤਮ ਪਦਾਰਥ ਵਰਤ ਰਹੇ ਹਨ।
41594	968	ਆਵਾ ਗਉਣੁ ਨਿਵਾਰਿਓ ਕਰਿ ਨਦਰਿ ਨੀਸਾਣੁ॥		Aavaa Goun Nivaariou Kar Nadhar Neesaan ||	You eliminate the comings and goings of reincarnation, and bestow the insignia of Your Glance of Grace.	ਜਿਸ ਮਨੁੱਖ ਨੇ ਆਪਣੇ ਮਨ ਵਿਚ ਤੇਰਾ ਸ਼ਬਦ ਟਿਕਾ ਲਿਆ ਹੈ ਉਸ ਨੂੰ ਚਹੁ ਕੁੰਡਾਂ (ਵਿਚ ਵੱਸਦੇ ਪਰਮਾਤਮਾ) ਦੀ ਸੂਝ ਆ ਗਈ ਹੈ।
41595	968	ਅਉਤਰਿਆ ਅਉਤਾਰੁ ਲੈ ਸੋ ਪੁਰਖੁ ਸੁਜਾਣੁ॥	(ਅਉ-ਤਰਿਆ) ਅਵਤਾਰ ਧਾਰਿਆ। ਅਉਤਰਿਆ: ਪੋਲਾ ਬੋਲੋ, ਕਸ ਕੇ ਬੋਲਣ ਨਾਲ ਅਰਥ ਗ਼ਾਲ ਬਣਦਾ ਹੈ	Aouthariaa Aouthaar Lai So Purakh Sujaan ||	You are the Avataar, the Incarnation of the all-knowing Primal Lord.	(ਹੇ ਗੁਰੂ!) ਜਿਸ ਨੂੰ ਤੂੰ ਮੇਹਰ ਦੀ ਨਜ਼ਰ ਕਰ ਕੇ (ਸ਼ਬਦ-ਰੂਪ) ਰਾਹ-ਦਾਰੀ ਬਖ਼ਸ਼ੀ ਹੈ ਉਸ ਦਾ ਜੰਮਣ-ਮਰਨ ਦਾ ਗੇੜ ਤੂੰ ਮੁਕਾ ਦਿੱਤਾ ਹੈ।

41596	968	ਝਖੜਿ ਵਾਉ ਨ ਡੋਲਈ ਪਰਬਤੁ ਮੇਰਾਣੁ॥	ਝੱਖੜਿ। ਡੋ-ਲਈ	Jhakharr Vaao N Ddolee Parabath Maeraan ||	You are not pushed or shaken by the storm and the wind; you are like the Sumayr Mountain.	ਉਹ ਸੁਜਾਨ ਅਕਾਲ ਪੁਰਖ (ਆਪ ਗੁਰੂ ਅਮਰਦਾਸ ਦੇ ਰੂਪ ਵਿਚ) ਅਵਤਾਰ ਲੈ ਕੇ ਜਗਤ ਵਿਚ ਆਇਆ ਹੈ।
41597	968	ਜਾਣੈ ਬਿਰਥਾ ਜੀਅ ਕੀ ਜਾਣੀ ਹੂ ਜਾਣੁ॥		Jaanai Birathhaa Jeea Kee Jaanee Hoo Jaan ||	You know the inner state of the soul; You are the Knower of knowers.	(ਗੁਰੂ ਅਮਰਦਾਸ ਵਿਕਾਰਾਂ ਦੇ) ਝੱਖੜ ਵਿਚ ਨਹੀਂ ਡੋਲਦਾ, (ਵਿਕਾਰਾਂ ਦੀ) ਹਨੇਰੀ ਭੀ ਝੁੱਲ ਪਏ ਤਾਂ ਨਹੀਂ ਡੋਲਦਾ, ਉਹ ਤਾਂ (ਮਾਨੋ) ਸੁਮੇਰ ਪਰਬਤ ਹੈ।
41598	968	ਕਿਆ ਸਾਲਾਹੀ ਸਚੇ ਪਾਤਿਸਾਹ ਜਾਂ ਤੂ ਸੁਘੜੁ ਸੁਜਾਣੁ॥		Kiaa Saalaahee Sachae Paathisaah Jaan Thoo Sugharr Sujaan ||	How can I praise You, O True Supreme King, when You are so wise and all-knowing?	ਜੀਵਾਂ ਦੇ ਦਿਲ ਦੀ ਪੀੜਾ ਜਾਣਦਾ ਹੈ, ਜਾਣੀ-ਜਾਣ ਹੈ।
41599	968	ਦਾਨੁ ਜਿ ਸਤਿਗੁਰ ਭਾਵਸੀ ਸੋ ਸਤੇ ਦਾਣੁ॥	ਸੱਤੇ	Dhaan J Sathigur Bhaavasee So Sathae Dhaan ||	Those blessings granted by the Pleasure of the True Guru - please bless Satta with those gifts.	ਹੇ ਸਦਾ-ਥਿਰ ਰਾਜ ਵਾਲੇ ਪਾਤਸ਼ਾਹ! ਮੈਂ ਤੇਰੀ ਕੀਹ ਸਿਫ਼ਤ ਕਰਾਂ? ਤੂੰ ਸੁੰਦਰ ਆਤਮਾ ਵਾਲਾ ਤੇ ਸਿਆਣਾ ਹੈਂ।
41600	968	ਨਾਨਕ ਹੰਦਾ ਛਤ੍ਰੁ ਸਿਰਿ ਉਮਤਿ ਹੈਰਾਣੁ॥	ਉੱਮਤਿ	Naanak Handhaa Shhathra Sir Oumath Hairaan ||	Seeing Nanak's canopy waving over Your head, everyone was astonished.	ਮੈਨੂੰ ਸੱਤੇ ਨੂੰ ਤੇਰੀ ਉਹੀ ਬਖ਼ਸ਼ੀਸ਼ ਚੰਗੀ ਹੈ ਜੋ (ਤੈਨੂੰ) ਸਤਿਗੁਰੂ ਨੂੰ ਚੰਗੀ ਲੱਗਦੀ ਹੈ।

41601	968	ਸੋ ਟਿਕਾ ਸੋ ਬੈਹਣਾ ਸੋਈ ਦੀਬਾਣੁ॥		So Ttikaa So Baihanaa Soee Dheebaan ||	The same mark on the forehead, the same throne, and the same Royal Court.	(ਗੁਰੂ ਅਮਰਦਾਸ ਜੀ ਦੇ) ਸਿਰ ਉਤੇ ਗੁਰੂ ਨਾਨਕ ਵਾਲਾ ਛਤਰ ਸੰਗਤ (ਵੇਖ ਕੇ) ਅਸਚਰਜ ਹੋ ਰਹੀ ਹੈ।
41602	968	ਪਿਯੂ ਦਾਦੇ ਜੇਵਿਹਾ ਪੋਤ੍ਰਾ ਪਰਵਾਣੁ॥੬॥	ਪਿ-ਯੂ: ਯੂ ਤਾਲੂ ਤੋਂ ਬੋਲੋ	Piyoo Dhaadhae Jaevihaa Pothraa Paravaan ||6||	Just like the father and grandfather, the son is approved. ||6||	(ਇਸ ਦੇ ਮੱਥੇ ਉੱਤੇ ਭੀ) ਉਹੀ ਨੂਰ ਹੈ, (ਇਸ ਦਾ ਭੀ) ਉਹੀ ਤਖ਼ਤ ਹੈ, ਉਹੀ ਦਰਬਾਰ ਹੈ (ਜੋ ਗੁਰੂ ਨਾਨਕ ਤੇ ਗੁਰੂ ਅੰਗਦ ਸਾਹਿਬ ਦਾ ਸੀ)
41603	968	ਧੰਨੁ ਧੰਨੁ ਰਾਮਦਾਸ ਗੁਰੁ ਜਿਨਿ ਸਿਰਿਆ ਤਿਨੈ ਸਵਾਰਿਆ॥		Dhhann Dhhann Raamadhaas Gur Jin Siriaa Thinai Savaariaa ||	Blessed, blessed is Guru Raam Daas; He who created You, has also exalted You.	ਪੋਤਰਾ-ਗੁਰੂ (ਗੁਰੂ ਅਮਰਦਾਸ ਭੀ) ਮੰਨਿਆ-ਪ੍ਰਮੰਨਿਆ ਗੁਰੂ ਹੈ (ਕਿਉਂਕਿ ਉਹ ਭੀ) ਗੁਰੂ ਨਾਨਕ ਤੇ ਗੁਰੂ ਅੰਗਦ ਸਾਹਿਬ ਵਰਗਾ ਹੀ ਹੈ ॥੬॥
41604	968	ਪੂਰੀ ਹੋਈ ਕਰਾਮਾਤਿ ਆਪਿ ਸਿਰਜਣਹਾਰੈ ਧਾਰਿਆ॥		Pooree Hoee Karaamaath Aap Sirajanehaarai Dhhaariaa ||	Perfect is Your miracle; the Creator Lord Himself has installed You on the throne.	ਗੁਰੂ ਰਾਮਦਾਸ ਧੰਨ ਹੈ ਧੰਨ ਹੈ! ਜਿਸ ਅਕਾਲ ਪੁਰਖ ਨੇ (ਗੁਰੂ ਰਾਮਦਾਸ ਨੂੰ) ਪੈਦਾ ਕੀਤਾ ਉਸੇ ਨੇ ਉਸ ਨੂੰ ਸੋਹਣਾ ਭੀ ਬਣਾਇਆ।
41605	968	ਸਿਖੀ ਅਤੈ ਸੰਗਤੀ ਪਾਰਬ੍ਰਹਮੁ ਕਰਿ ਨਮਸਕਾਰਿਆ॥	ਸਿੱਖੀਂ। ਸੰਗਤੀਂ	Sikhee Athai Sangathee Paarabreham Kar Namasakaariaa ||	The Sikhs and all the Congregation recognize You as the Supreme Lord God, and bow down to You.	ਇਹ ਇਕ ਮੁਕੰਮਲ ਕਰਾਮਾਤਿ ਹੋਈ ਹੈ ਕਿ ਸਿਰਜਣਹਾਰ ਨੇ ਖ਼ੁਦ (ਆਪਣੇ ਆਪ ਨੂੰ ਉਸ ਵਿਚ) ਟਿਕਾਇਆ ਹੈ।

41606	968	ਅਟਲੁ ਅਥਾਹੁ ਅਤੋਲੁ ਤੂ ਤੇਰਾ ਅੰਤੁ ਨ ਪਾਰਾਵਾਰਿਆ॥	ਅ-ਟਲੁ	Attal Athhaahu Athol Thoo Thaeraa Anth N Paaraavaariaa ||	You are unchanging, unfathomable and immeasurable; You have no end or limitation.	ਸਭ ਸਿੱਖਾਂ ਨੇ ਤੇ ਸੰਗਤਾਂ ਨੇ ਉਸ ਨੂੰ ਅਕਾਲ ਪੁਰਖ ਦਾ ਰੂਪ ਜਾਣ ਕੇ ਬੰਦਨਾ ਕੀਤੀ ਹੈ।
41607	968	ਜਿਨ੍ਹੀ ਤੂੰ ਸੇਵਿਆ ਭਾਉ ਕਰਿ ਸੇ ਤੁਧੁ ਪਾਰਿ ਉਤਾਰਿਆ॥		Jinhee Thoon Saeviaa Bhaao Kar Sae Thudhh Paar Outhaariaa ||	Those who serve You with love - You carry them across.	(ਹੇ ਗੁਰੂ ਰਾਮਦਾਸ!) ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੈਨੂੰ ਤੋਲਿਆ ਨਹੀਂ ਜਾ ਸਕਦਾ (ਭਾਵ, ਤੇਰੇ ਗੁਣ ਗਿਣੇ ਨਹੀਂ ਜਾ ਸਕਦੇ; ਤੂੰ ਇਕ ਐਸਾ ਸਮੁੰਦਰ ਹੈਂ ਜਿਸ ਦੀ) ਹਾਥ ਨਹੀਂ ਪੈ ਸਕਦੀ, ਪਾਰਲੇ ਤੇ ਉਰਲੇ ਬੰਨੇ ਦਾ ਅੰਤ ਨਹੀਂ ਪੈ ਸਕਦਾ।
41608	968	ਲਬੁ ਲੋਭੁ ਕਾਮੁ ਕ੍ਰੋਧੁ ਮੋਹੁ ਮਾਰਿ ਕਢੇ ਤੁਧੁ ਸਪਰਵਾਰਿਆ॥	ਲੱਬੁ। ਸ-ਪਰਵਾਰਿਆ	Lab Lobh Kaam Krodhh Mohu Maar Kadtae Thudhh Saparavaariaa ||	Greed, envy, sexual desire, anger and emotional attachment - You have beaten them and driven them out.	ਜਿਨ੍ਹਾਂ ਬੰਦਿਆਂ ਨੇ ਪਿਆਰ ਨਾਲ ਤੇਰਾ ਹੁਕਮ ਮੰਨਿਆ ਹੈ ਤੂੰ ਉਹਨਾਂ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ ਹੈ।
41609	968	ਧੰਨੁ ਸੁ ਤੇਰਾ ਥਾਨੁ ਹੈ ਸਚੁ ਤੇਰਾ ਪੈਸਕਾਰਿਆ॥	ਅਪਣੇ ਸੇਵਕ ਨੂੰ (ਪੈਸਕਾਰਿਆ) ਬਖ਼ਸ਼ਿਸ਼, ਇਨਾਮ ਅਜਪਾ ਜਾਪ ਬਖ਼ਸ਼ਦੇ ਹੋਂ ਜੀ	Dhhann S Thaeraa Thhaan Hai Sach Thaeraa Paisakaariaa ||	Blessed is Your place, and True is Your magnificent glory.	ਉਹਨਾਂ ਦੇ ਅੰਦਰੋਂ ਤੂੰ ਲੱਬ, ਲੋਭ, ਕਾਮ, ਕ੍ਰੋਧ, ਮੋਹ ਤੇ ਹੋਰ ਸਾਰੇ ਵਿਕਾਰ ਮਾਰ ਕੇ ਕੱਢ ਦਿੱਤੇ ਹਨ।

41610	968	ਨਾਨਕੁ ਤੂ ਲਹਣਾ ਤੂਹੈ ਗੁਰੁ ਅਮਰੁ ਤੂ ਵੀਚਾਰਿਆ॥		Naanak Thoo Lehanaa Thoohai Gur Amar Thoo Veechaariaa ||	You are Nanak, You are Angad, and You are Amar Daas; so do I recognize You.	(ਹੇ ਗੁਰੂ ਰਾਮਦਾਸ!) ਮੈਂ ਸਦਕੇ ਹਾਂ ਉਸ ਥਾਂ ਤੋਂ ਜਿਥੇ ਤੂੰ ਵੱਸਿਆ। ਤੇਰੀ ਸੰਗਤ ਸਦਾ ਅਟੱਲ ਹੈ।
41611	968	ਗੁਰੁ ਡਿਠਾ ਤਾਂ ਮਨੁ ਸਾਧਾਰਿਆ॥੭॥		Gur Ddithaa Thaan Man Saadhhaariaa ||7||	When I saw the Guru, then my mind was comforted and consoled. ||7||	(ਹੇ ਗੁਰੂ ਰਾਮਦਾਸ ਜੀ!) ਤੂੰ ਹੀ ਗੁਰੂ ਨਾਨਕ ਹੈਂ, ਤੂੰ ਹੀ ਬਾਬਾ ਲਹਣਾ ਹੈਂ, ਮੈਂ ਤੈਨੂੰ ਹੀ ਗੁਰੂ ਅਮਰਦਾਸ ਸਮਝਿਆ ਹੈ।
41612	968	ਚਾਰੇ ਜਾਗੇ ਚਹੁ ਜੁਗੀ ਪੰਚਾਇਣੁ ਆਪੇ ਹੋਆ॥	ਜੁੱਗੀਂ	Chaarae Jaagae Chahu Jugee Panchaaein Aapae Hoaa ||	The four Gurus enlightened the four ages; the Lord Himself assumed the fifth form.	(ਜਿਸ ਕਿਸੇ ਨੇ) ਗੁਰੂ (ਰਾਮਦਾਸ) ਦਾ ਦੀਦਾਰ ਕੀਤਾ ਹੈ ਉਸੇ ਦਾ ਮਨ ਤਦੋਂ ਟਿਕਾਣੇ ਆ ਗਿਆ ਹੈ ॥੨॥
41613	968	ਆਪੀਨ੍ਹੈ ਆਪੁ ਸਾਜਿਓਨੁ ਆਪੇ ਹੀ ਥੰਮਿ ਖਲੋਆ॥	ਆਪੀ-ਨ੍ਹੈ। ਸੱਾਜਿਓਨੁ	Aapeenhai Aap Saajioun Aapae Hee Thhanmih Khaloaa ||	He created Himself, and He Himself is the supporting pillar.	ਚਾਰੇ ਗੁਰੂ ਆਪੇ ਆਪਣੇ ਸਮੇ ਰੌਸ਼ਨ ਹੋਏ ਹਨ, ਅਕਾਲ ਪੁਰਖ ਆਪ ਹੀ (ਉਹਨਾਂ ਵਿਚ) ਪਰਗਟ ਹੋਇਆ।
41614	968	ਆਪੇ ਪਟੀ ਕਲਮ ਆਪਿ ਆਪਿ ਲਿਖਣਹਾਰਾ ਹੋਆ॥	ਪੱਟੀ	Aapae Pattee Kalam Aap Aap Likhanehaaraa Hoaa ||	He Himself is the paper, He Himself is the pen, and He Himself is the writer.	ਅਕਾਲ ਪੁਰਖ ਨੇ ਆਪ ਹੀ ਆਪਣੇ ਆਪ ਨੂੰ (ਸ੍ਰਿਸ਼ਟੀ ਦੇ ਰੂਪ ਵਿਚ) ਜ਼ਾਹਰ ਕੀਤਾ ਤੇ ਆਪ ਹੀ (ਗੁਰੂ-ਰੂਪ ਹੋ ਕੇ) ਸ੍ਰਿਸ਼ਟੀ ਨੂੰ ਸਹਾਰਾ ਦੇ ਰਿਹਾ ਹੈ।

41615	968	ਸਭ ਉਮਤਿ ਆਵਣ ਜਾਵਣੀ ਆਪੇ ਹੀ ਨਵਾ ਨਿਰੋਆ॥	(ਉੱਮਤਿ) ਨਵਾਂ	Sabh Oumath Aavan Jaavanee Aapae Hee Navaa Niroaa ||	All His followers come and go; He alone is fresh and new.	(ਜੀਵਾਂ ਦੀ ਅਗਵਾਈ ਲਈ, ਪੂਰਨੇ ਪਾਣ ਲਈ) ਪ੍ਰਭੂ ਆਪ ਹੀ ਪੱਟੀ ਹੈ ਆਪ ਹੀ ਕਲਮ ਹੈ ਤੇ (ਗੁਰੂ-ਰੂਪ ਹੋ ਕੇ) ਆਪ ਹੀ ਪੂਰਨੇ ਲਿਖਣ ਵਾਲਾ ਹੈ।
41616	968	ਤਖਤਿ ਬੈਠਾ ਅਰਜਨ ਗੁਰੂ ਸਤਿਗੁਰ ਕਾ ਖਿਵੈ ਚੰਦੋਆ॥		Thakhath Baithaa Arajan Guroo Sathigur Kaa Khivai Chandhoaa ||	Guru Arjun sits on the throne; the royal canopy waves over the True Guru.	ਸਾਰੀ ਸ੍ਰਿਸ਼ਟੀ ਤਾਂ ਜਨਮ ਮਰਨ ਦੇ ਗੇੜ ਵਿਚ ਹੈ, ਪਰ ਪ੍ਰਭੂ ਆਪ (ਸਦਾ) ਨਵਾਂ ਹੈ ਤੇ ਨਿਰੋਆ ਹੈ (ਭਾਵ, ਹਰ ਨਵੇਂ ਰੰਗ ਵਿਚ ਹੀ ਹੈ ਤੇ ਨਿਰਲੇਪ ਭੀ ਹੈ)।
41617	968	ਉਗਵਣਹੁ ਤੈ ਆਥਵਣਹੁ ਚਹੁ ਚਕੀ ਕੀਅਨੁ ਲੋਆ॥	ਉਗਵ-ਣਹੁ, ਆਥਵ-ਣਹੁ, ਚੱਕੀਂ	Ougavanahu Thai Aathhavanahu Chahu Chakee Keean Loaa ||	From east to west, He illuminates the four directions.	(ਉਸ ਨਵੇਂ ਨਿਰੋਏ ਪ੍ਰਭੂ ਦੇ ਬਖ਼ਸ਼ੇ) ਤਖ਼ਤ ਉੱਤੇ (ਜਿਸ ਉੱਤੇ ਪਹਿਲੇ ਚਾਰੇ ਗੁਰੂ ਆਪੋ ਆਪਣੇ ਸਮੇ ਰੌਸ਼ਨ ਹੋਏ ਸਨ, ਹੁਣ) ਗੁਰੂ ਅਰਜਨ ਬੈਠਾ ਹੋਇਆ ਹੈ, ਸਤਿਗੁਰੂ ਦਾ ਚੰਦੋਆ ਚਮਕ ਰਿਹਾ ਹੈ, (ਭਾਵ, ਸਤਿਗੁਰੂ ਅਰਜਨ ਸਾਹਿਬ ਦਾ ਤੇਜ-ਪ੍ਰਤਾਪ ਸਾਰੇ ਪਸਰ ਰਿਹਾ ਹੈ)।
41618	968	ਜਿਨ੍ਹੀ ਗੁਰੂ ਨ ਸੇਵਿਓ ਮਨਮੁਖਾ ਪਇਆ ਮੋਆ॥		Jinhee Guroo N Saeviou Manamukhaa Paeiaa Moaa ||	Those self-willed manmukhs who do not serve the Guru die in shame.	ਸੂਰਜ ਉੱਗਣ ਤੋਂ (ਡੁੱਬਣ ਤਕ) ਅਤੇ ਡੁੱਬਣ ਤੋਂ (ਚੜ੍ਹਨ ਤਕ) ਚਹੁੰ ਚੱਕਾਂ ਵਿਚ ਇਸ (ਗੁਰੂ ਅਰਜਨ) ਨੇ ਚਾਨਣ ਕਰ ਦਿੱਤਾ ਹੈ।

41619	968	ਦੂਣੀ ਚਉਣੀ ਕਰਾਮਾਤਿ ਸਚੇ ਕਾ ਸਚਾ ਢੋਆ॥		Dhoonee Chounee Karaamaath Sachae Kaa Sachaa Dtoaa ||	Your miracles increase two-fold, even four-fold; this is the True Lord's true blessing.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਜਿਨ੍ਹਾਂ ਬੰਦਿਆਂ ਨੇ ਗੁਰੂ ਦਾ ਹੁਕਮ ਨਾਹ ਮੰਨਿਆ ਉਹਨਾਂ ਨੂੰ ਮਰੀ ਪੈ ਗਈ, (ਭਾਵ, ਉਹ ਆਤਮਕ ਮੌਤੇ ਮਰ ਗਏ)।
41620	968	ਚਾਰੇ ਜਾਗੇ ਚਹੁ ਜੁਗੀ ਪੰਚਾਇਣੁ ਆਪੇ ਹੋਆ॥੮॥੧॥	ਜੁੱਗੀਂ	Chaarae Jaagae Chahu Jugee Panchaaein Aapae Hoaa ||8||1||	The four Gurus enlightened the four ages; the Lord Himself assumed the fifth form. ||8||1||	ਗੁਰੂ ਅਰਜਨ ਦੀ (ਦਿਨ-) ਦੂਣੀ ਤੇ ਰਾਤ ਚਾਰ-ਗੁਣੀ ਬਜ਼ੁਰਗੀ ਵਧ ਰਹੀ ਹੈ; (ਸ੍ਰਿਸ਼ਟੀ ਨੂੰ) ਗੁਰੂ, ਸੱਚੇ ਪ੍ਰਭੂ ਦੀ ਸੱਚੀ ਸੁਗ਼ਾਤ ਹੈ।
41621	968	ਰਾਮਕਲੀ ਬਾਣੀ ਭਗਤਾ ਕੀ॥		Raamakalee Baanee Bhagathaa Kee ||	Raamkalee, The Word Of The Devotees.	ਚਾਰੇ ਗੁਰੂ ਆਪੇ ਆਪਣੇ ਸਮੇ ਵਿਚ ਰੌਸ਼ਨ ਹੋਏ, ਅਕਾਲ ਪੁਰਖ (ਉਹਨਾਂ ਵਿਚ) ਪਰਗਟ ਹੋਇਆ ॥੮॥੧॥
41622	968	ਕਬੀਰ ਜੀਉ		Kabeer Jeeou	Kabeer Jee:	ਰਾਗ ਰਾਮਕਲੀ ਵਿੱਚ ਭਗਤਾਂ ਦੀ ਬਾਣੀ। ਕਬੀਰ ਜੀ ਬਾਣੀ।
41623	968	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

41624	968	ਕਾਇਆ ਕਲਾਲਨਿ ਲਾਹਨਿ ਮੇਲਉ ਗੁਰ ਕਾ ਸਬਦੁ ਗੁੜੁ ਕੀਨੁ ਰੇ॥		Kaaeiaa Kalaalan Laahan Maelo Gur Kaa Sabadh Gurr Keen Rae ||	Make your body the vat, and mix in the yeast. Let the Word of the Guru's Shabad be the molasses.	ਹੇ ਭਾਈ! ਮੈਂ ਸਿਆਣੇ ਸਰੀਰ ਨੂੰ ਮੱਟੀ ਬਣਾਇਆ ਹੈ, ਤੇ ਇਸ ਵਿਚ (ਨਾਮ-ਅੰਮ੍ਰਿਤ-ਰੂਪ ਸ਼ਰਾਬ ਤਿਆਰ ਕਰਨ ਲਈ) ਖ਼ਮੀਰ ਦੀ ਸਮਗ੍ਰੀ ਇਕੱਠੀ ਕਰ ਰਿਹਾ ਹਾਂ-ਸਤਿਗੁਰੂ ਦੇ ਸ਼ਬਦ ਨੂੰ ਮੈਂ ਗੁੜ ਬਣਾਇਆ ਹੈ,
41625	969	ਤ੍ਰਿਸਨਾ ਕਾਮੁ ਕ੍ਰੋਧੁ ਮਦ ਮਤਸਰ ਕਾਟਿ ਕਾਟਿ ਕਸੁ ਦੀਨੁ ਰੇ॥੧॥		Thrisanaa Kaam Krodhh Madh Mathasar Kaatt Kaatt Kas Dheen Rae ||1||	Cut up desire, sexuality, anger, pride and envy, and let them be the fermenting bark. ||1||	ਤ੍ਰਿਸ਼ਨਾ, ਕਾਮ, ਕ੍ਰੋਧ, ਹੰਕਾਰ ਤੇ ਈਰਖਾ ਨੂੰ ਕੱਟ ਕੱਟ ਕੇ ਸੱਕ (ਟੁੱਕ ਟੁੱਕ ਕੇ ਉਸ ਗੁੜ ਵਿਚ) ਰਲਾ ਦਿੱਤਾ ਹੈ ॥੧॥
41626	969	ਕੋਈ ਹੈ ਰੇ ਸੰਤੁ ਸਹਜ ਸੁਖ ਅੰਤਰਿ ਜਾ ਕਉ ਜਪੁ ਤਪੁ ਦੇਉ ਦਲਾਲੀ ਰੇ॥		Koee Hai Rae Santh Sehaj Sukh Anthar Jaa Ko Jap Thap Dhaeo Dhalaalee Rae ||	Is there any Saint, with intuitive peace and poise deep within, unto whom I might offer my meditation and austerities as payment?	ਹੇ ਭਾਈ! ਕੀ ਮੈਨੂੰ ਕੋਈ ਐਸਾ ਸੰਤ ਮਿਲ ਪਵੇਗਾ (ਭਾਵ, ਮੇਰਾ ਮਨ ਲੋਚਦਾ ਹੈ ਕਿ ਮੈਨੂੰ ਕੋਈ ਐਸਾ ਸੰਤ ਮਿਲ ਪਏ) ਜੋ ਆਪ ਅਡੋਲ ਅਵਸਥਾ ਵਿਚ ਟਿਕਿਆ ਹੋਇਆ ਹੋਵੇ, ਸੁਖ ਵਿਚ ਟਿਕਿਆ ਹੋਵੇ?

41627	969	ੲੇਕ ਬੂੰਦ ਭਰਿ ਤਨੁ ਮਨੁ ਦੇਵਉ ਜੋ ਮਦੁ ਦੇਇ ਕਲਾਲੀ ਰੇ॥੧॥ਰਹਾਉ॥	ਦੇ-ਇ	Eaek Boondh Bhar Than Man Dhaevo Jo Madh Dhaee Kalaalee Rae ||1|| Rehaao ||	I dedicate my body and mind to whoever gives me even a drop of this wine from such a vat. ||1||Pause||	ਜੇ ਕੋਈ ਅਜਿਹਾ ਸਾਕੀ (-ਸੰਤ) ਮੈਨੂੰ (ਨਾਮ-ਅੰਮ੍ਰਿਤ-ਰੂਪ) ਨਸ਼ਾ ਪਿਲਾਏ, ਤਾਂ ਮੈਂ ਉਸ ਅੰਮ੍ਰਿਤ ਦੀ ਇਕ ਬੂੰਦ ਦੇ ਬਦਲੇ ਆਪਣਾ ਤਨ ਮਨ ਉਸ ਦੇ ਹਵਾਲੇ ਕਰ ਦਿਆਂ, ਮੈਂ (ਜੋਗੀਆਂ ਤੇ ਪੰਡਿਤਾਂ ਦੇ ਦੱਸੇ ਹੋਏ) ਜਪ ਤੇ ਤਪ ਉਸ ਸੰਤ ਨੂੰ ਦਲਾਲੀ ਵਜੋਂ ਦੇ ਦਿਆਂ ॥੧॥ ਰਹਾਉ ॥
41628	969	ਭਵਨ ਚਤੁਰ ਦਸ ਭਾਠੀ ਕੀਨ੍ਹੀ ਬ੍ਰਹਮ ਅਗਨਿ ਤਨਿ ਜਾਰੀ ਰੇ॥	ਦਸ: ਪੋਲਾ ਬੋਲੋ	Bhavan Chathur Dhas Bhaathee Keenhee Breham Agan Than Jaaree Rae ||	I have made the fourteen worlds the furnace, and I have burnt my body with the fire of God.	ਚੌਦਾਂ ਭਵਨਾਂ ਨੂੰ ਮੈਂ ਭੱਠੀ ਬਣਾਇਆ ਹੈ, ਆਪਣੇ ਸਰੀਰ ਵਿਚ ਰੱਬੀ-ਜੋਤਿ ਰੂਪ ਅੱਗ ਬਾਲੀ ਹੈ (ਭਾਵ, ਸਾਰੇ ਜਗਤ ਦੇ ਮੋਹ ਨੂੰ ਮੈਂ ਸਰੀਰ ਵਿਚ ਦੀ ਬ੍ਰਹਮ-ਅਗਨੀ ਨਾਲ ਸਾੜ ਦਿੱਤਾ ਹੈ)।
41629	969	ਮੁਦ੍ਰਾ ਮਦਕ ਸਹਜ ਧੁਨਿ ਲਾਗੀ ਸੁਖਮਨ ਪੋਚਨਹਾਰੀ ਰੇ॥੨॥	(ਸੁਖਮਨ) ਮਨ ਨੂੰ ਸੁਖ ਦੇਣ ਵਾਲੇ ਵਾਹਿਗੁਰੂ ਜੀ ਦੀ (ਪੋਚਨਹਾਰੀ) ਪ੍ਰੇਮਾ ਭਗਤੀ	Mudhraa Madhak Sehaj Dhhun Laagee Sukhaman Pochanehaaree Rae ||2||	My mudra - my hand-gesture, is the pipe; tuning into the celestial sound current within, the Shushmanaa - the central spinal channel, is my cooling pad. ||2||	ਮੇਰੀ ਲਿਵ ਅਡੋਲ ਅਵਸਥਾ ਵਿਚ ਲੱਗ ਗਈ ਹੈ, ਇਹ ਮੈਂ ਉਸ ਨਾਲ ਦਾ ਡੱਟ ਬਣਾਇਆ ਹੈ (ਜਿਸ ਵਿਚੋਂ ਦੀ ਸ਼ਰਾਬ ਨਿਕਲਦੀ ਹੈ)। ਮੇਰੇ ਮਨ ਦੀ ਸੁਖ-ਅਵਸਥਾ ਉਸ ਨਾਲ ਤੇ ਪੋਚਾ ਦੇ ਰਹੀ ਹੈ (ਜਿਉਂ ਜਿਉਂ ਮੇਰਾ ਮਨ ਅਡੋਲ ਹੁੰਦਾ ਹੈ, ਸੁਖ-ਅਵਸਥਾ ਵਿਚ ਅੱਪੜਦਾ ਹੈ, ਤਿਉਂ ਤਿਉਂ ਮੇਰੇ ਅੰਦਰ ਨਾਮ-ਅੰਮ੍ਰਿਤ ਦਾ ਪ੍ਰਵਾਹ ਚੱਲਦਾ ਹੈ) ॥੨॥

41630	969	ਤੀਰਥ ਬਰਤ ਨੇਮ ਸੁਚਿ ਸੰਜਮ ਰਵਿ ਸਸਿ ਗਹਨੈ ਦੇਉ ਰੇ॥		Theerathh Barath Naem Such Sanjam Rav Sas Gehanai Dhaeo Rae ||	Pilgrimages, fasting, vows, purifications, self-discipline, austerities and breath control through the sun and moon channels - all these I pledge.	ਇਸ ਨਾਮ-ਅੰਮ੍ਰਿਤ ਦੇ ਬਦਲੇ ਮੈਂ (ਪੰਡਿਤਾਂ ਤੇ ਜੋਗੀਆਂ ਦੇ ਦੱਸੇ ਹੋਏ) ਤੀਰਥ ਇਸ਼ਨਾਨ, ਵਰਤ, ਨੇਮ, ਸੁੱਚ, ਸੰਜਮ, ਪ੍ਰਾਣਾਯਾਮ ਵਿਚ ਸੁਆਸ ਚਾੜ੍ਹਨੇ ਤੇ ਉਤਾਰਨੇ-ਇਹ ਸਭ ਕੁਝ ਗਿਰਵੀ ਰੱਖ ਦਿੱਤੇ ਹਨ।
41631	969	ਸੁਰਤਿ ਪਿਆਲ ਸੁਧਾ ਰਸੁ ਅੰਮ੍ਰਿਤੁ ਏਹੁ ਮਹਾ ਰਸੁ ਪੇਉ ਰੇ॥੩॥	ਸੁਧਾ: ਪੋਲਾ ਬੋਲੋ	Surath Piaal Sudhhaa Ras Anmrith Eaehu Mehaa Ras Paeo Rae ||3||	My focused consciousness is the cup, and the Ambrosial Nectar is the pure juice. I drink in the supreme, sublime essence of this juice. ||3||	ਪ੍ਰਭੂ-ਚਰਨਾਂ ਵਿਚ ਜੁੜੀ ਹੋਈ ਆਪਣੀ ਸੁਰਤ ਨੂੰ ਮੈਂ ਪਿਆਲਾ ਬਣਾ ਲਿਆ ਹੈ ਤੇ (ਨਾਮ-) ਅੰਮ੍ਰਿਤ ਪੀ ਰਿਹਾ ਹਾਂ। ਇਹ ਨਾਮ-ਅੰਮ੍ਰਿਤ ਸਭ ਰਸਾਂ ਤੋਂ ਸ੍ਰੇਸ਼ਟ ਰਸ ਹੈ ॥੩॥
41632	969	ਨਿਝਰ ਧਾਰ ਚੁਐ ਅਤਿ ਨਿਰਮਲ ਇਹ ਰਸ ਮਨੂਆ ਰਾਤੋ ਰੇ॥	ਨਿੱਝਰ	Nijhar Dhhaar Chuai Ath Niramal Eih Ras Manooaa Raatho Rae ||	The pure stream constantly trickles forth, and my mind is intoxicated by this sublime essence.	(ਹੁਣ ਮੇਰੇ ਅੰਦਰ ਨਾਮ-ਅੰਮ੍ਰਿਤ ਦੇ) ਚਸ਼ਮੇ ਦੀ ਬੜੀ ਸਾਫ਼ ਧਾਰ ਪੈ ਰਹੀ ਹੈ। ਮੇਰਾ ਮਨ, ਇਸ ਦੇ ਸੁਆਦ ਵਿਚ ਰਤਾ ਹੋਇਆ ਹੈ।
41633	969	ਕਹਿ ਕਬੀਰ ਸਗਲੇ ਮਦ ਛੂਛੇ ਇਹੈ ਮਹਾ ਰਸੁ ਸਾਚੋ ਰੇ॥੪॥੧॥		Kehi Kabeer Sagalae Madh Shhooshhae Eihai Mehaa Ras Saacho Rae ||4||1||	Says Kabeer, all other wines are trivial and tasteless; this is the only true, sublime essence. ||4||1||	ਕਬੀਰ ਆਖਦਾ ਹੈ ਕਿ ਹੋਰ ਸਾਰੇ ਨਸ਼ੇ ਫੋਕੇ ਹਨ, ਇਕ ਇਹੀ ਸਭ ਤੋਂ ਸ੍ਰੇਸ਼ਟ ਰਸ ਸਦਾ ਕਾਇਮ ਰਹਿਣ ਵਾਲਾ ਹੈ ॥੪॥੧॥

41634	969	ਗੁੜੁ ਕਰਿ ਗਿਆਨੁ ਧਿਆਨੁ ਕਰਿ ਮਹੂਆ ਭਉ ਭਾਠੀ ਮਨ ਧਾਰਾ॥		Gurr Kar Giaan Dhhiaan Kar Mehooaa Bho Bhaathee Man Dhhaaraa ||	Make spiritual wisdom the molasses, meditation the flowers, and the Fear of God the fire enshrined in your mind.	(ਨਾਮ-ਰਸ ਦੀ ਸ਼ਰਾਬ ਕੱਢਣ ਲਈ) ਮੈਂ ਆਤਮ-ਗਿਆਨ ਨੂੰ ਗੁੜ, ਪ੍ਰਭੂ-ਚਰਨਾਂ ਵਿਚ ਜੁੜੀ ਸੁਰਤ ਨੂੰ ਮਹੂਏ ਦੇ ਫੁੱਲ, ਤੇ ਆਪਣੇ ਮਨ ਵਿਚ ਟਿਕਾਏ ਹੋਏ ਪ੍ਰਭੂ ਦੇ ਭਉ ਨੂੰ ਭੱਠੀ ਬਣਾਇਆ ਹੈ।
41635	969	ਸੁਖਮਨ ਨਾਰੀ ਸਹਜ ਸਮਾਨੀ ਪੀਵੈ ਪੀਵਨਹਾਰਾ॥੧॥		Sukhaman Naaree Sehaj Samaanee Peevai Peevanehaaraa ||1||	The Shushmanaa, the central spinal channel, is intuitively balanced, and the drinker drinks in this wine. ||1||	(ਇਸ ਗਿਆਨ-ਧਿਆਨ ਤੇ ਭਉ ਤੋਂ ਉਪਜਿਆ ਨਾਮ-ਰਸ ਪੀ ਕੇ, ਮੇਰਾ ਮਨ) ਅਡੋਲ ਅਵਸਥਾ ਵਿਚ ਲੀਨ ਹੋ ਗਿਆ ਹੈ (ਜਿਵੇਂ ਜੋਗੀ ਸ਼ਰਾਬ ਪੀ ਕੇ ਆਪਣੇ ਪ੍ਰਾਣ) ਸੁਖਮਨ ਨਾੜੀ ਵਿਚ ਟਿਕਾਉਂਦਾ ਹੈ। ਹੁਣ ਮੇਰਾ ਮਨ ਨਾਮ-ਰਸ ਨੂੰ ਪੀਣ-ਜੋਗਾ ਹੋ ਕੇ ਪੀ ਰਿਹਾ ਹੈ ॥੧॥
41636	969	ਅਉਧੂ ਮੇਰਾ ਮਨੁ ਮਤਵਾਰਾ॥	(ਮੱਤਵਾਰਾ) ਮਸਤਾਨਾ।	Aoudhhoo Maeraa Man Mathavaaraa ||	O hermit Yogi, my mind is intoxicated.	ਹੇ ਜੋਗੀ! ਮੇਰਾ (ਭੀ) ਮਨ ਮਸਤ ਹੋਇਆ ਹੋਇਆ ਹੈ, ਮੈਨੂੰ (ਉੱਚੀ ਆਤਮਕ ਅਵਸਥਾ ਦੀ) ਮਸਤੀ ਚੜ੍ਹੀ ਹੋਈ ਹੈ।

41637	969	ਉਨਮਦ ਚਢਾ ਮਦਨ ਰਸੁ ਚਾਖਿਆ ਤ੍ਰਿਭਵਨ ਭਇਆ ਉਜਿਆਰਾ ॥੧॥ਰਹਾਉ॥	(ਉਨਮਦ) ਮਸਤੀ। ਪ੍ਰੇਮਾ ਭਗਤੀ ਰੂਪੀ (ਮਦਨ) ਸ਼ਰਾਬ। ਚਢਾ: ਪੋਲਾ ਬੋਲੋ	Ounamadh Chadtaa Madhan Ras Chaakhiaa Thribhavan Bhaeiaa Oujiaaraa ||1|| Rehaao ||	When that wine rises up, one tastes the sublime essence of this juice, and sees across the three worlds. ||1||Pause||	(ਪਰ) ਮੈਂ ਮਸਤ ਕਰਨ ਵਾਲਾ (ਨਾਮ-) ਰਸ ਚੱਖਿਆ ਹੈ, (ਉਸ ਦੀ ਬਰਕਤਿ ਨਾਲ) ਸਾਰੇ ਹੀ ਜਗਤ ਵਿਚ ਮੈਨੂੰ ਉਸੇ ਦੀ ਜੋਤ ਜਗ ਰਹੀ ਦਿੱਸਦੀ ਹੈ ॥੧॥ ਰਹਾਉ ॥
41638	969	ਦੁਇ ਪੁਰ ਜੋਰਿ ਰਸਾਈ ਭਾਠੀ ਪੀਉ ਮਹਾ ਰਸੁ ਭਾਰੀ॥		Dhue Pur Jor Rasaaee Bhaathee Peeo Mehaa Ras Bhaaree ||	Joining the two channels of the breath, I have lit the furnace, and I drink in the supreme, sublime essence.	ਮਾਇਆ ਦੇ ਮੋਹ ਨੂੰ ਵੱਸ ਵਿਚ ਕਰ ਕੇ ਮੈਂ (ਜੋਗੀ ਵਾਲੀ) ਭੱਠੀ ਤਪਾਈ ਹੈ, ਹੁਣ ਮੈਂ ਵੱਡਾ ਮਹਾਨ ਨਾਮ-ਰਸ ਪੀ ਰਿਹਾ ਹਾਂ।
41639	969	ਕਾਮੁ ਕ੍ਰੋਧੁ ਦੁਇ ਕੀਏ ਜਲੇਤਾ ਛੂਟਿ ਗਈ ਸੰਸਾਰੀ॥੨॥	ਲੱਕੜਾਂ ਬਾਲਣ ਵਾਂਗ (ਜਲੇਤਾ) ਬਾਲਣਾ ਕੀਤੇ ਹਨ	Kaam Krodhh Dhue Keeeae Jalaethaa Shhoott Gee Sansaaree ||2||	I have burnt both sexual desire and anger, and I have been emancipated from the world. ||2||	ਕਾਮ ਤੇ ਕ੍ਰੋਧ ਦੋਹਾਂ ਨੂੰ ਮੈਂ ਬਾਲਣ ਬਣਾ ਦਿੱਤਾ ਹੈ (ਤੇ, ਉਸ ਭੱਠੀ ਵਿਚ ਸਾੜ ਦਿੱਤਾ ਹੈ, ਭਾਵ, ਮੋਹ ਨੂੰ ਵੱਸ ਕੀਤਿਆਂ ਕਾਮ ਕ੍ਰੋਧ ਭੀ ਮੁੱਕ ਗਏ ਹਨ)। ਇਸ ਤਰ੍ਹਾਂ ਸੰਸਾਰ ਵਿਚ ਫਸਣ ਵਾਲੀ ਬਿਰਤੀ ਖ਼ਤਮ ਹੋ ਗਈ ਹੈ ॥੨॥
41640	969	ਪ੍ਰਗਟ ਪ੍ਰਗਾਸ ਗਿਆਨ ਗੁਰ ਗੰਮਿਤ ਸਤਿਗੁਰ ਤੇ ਸੁਧਿ ਪਾਈ॥		Pragatt Pragaas Giaan Gur Ganmith Sathigur Thae Sudhh Paaee ||	The light of spiritual wisdom enlightens me; meeting with the Guru, the True Guru, I have obtained this understanding.	(ਪ੍ਰਭੂ ਤਕ) ਪਹੁੰਚ ਵਾਲੇ ਗੁਰੂ ਦੇ ਗਿਆਨ ਦੀ ਬਰਕਤਿ ਨਾਲ ਮੇਰੇ ਅੰਦਰ (ਨਾਮ ਦਾ) ਪਰਕਾਸ਼ ਹੋ ਗਿਆ ਹੈ, ਗੁਰੂ ਤੋਂ ਮੈਨੂੰ (ਉੱਚੀ) ਸਮਝ ਪ੍ਰਾਪਤ ਹੋਈ ਹੈ।

41641	969	ਦਾਸੁ ਕਬੀਰੁ ਤਾਸੁ ਮਦ ਮਾਤਾ ਉਚਕਿ ਨ ਕਬਹੂ ਜਾਈ॥੩॥੨॥	ਉਚ-ਕਿ:ਪੋਲਾ ਬੋਲੋ। (ਉਚਕਿ) ਉਤਰਦਾ। ਮੱਾਤਾ	Dhaas Kabeer Thaas Madh Maathaa Ouchak N Kabehoo Jaaee ||3||2||	Slave Kabeer is intoxicated with that wine, which never wears off. ||3||2||	ਪ੍ਰਭੂ ਦਾ ਦਾਸ ਕਬੀਰ ਉਸ ਨਸ਼ੇ ਵਿਚ ਮਸਤ ਹੈ, ਉਸ ਦੀ ਮਸਤੀ ਕਦੇ ਮੁੱਕਣ ਵਾਲੀ ਨਹੀਂ ਹੈ ॥੩॥੨॥
41642	969	ਤੂੰ ਮੇਰੋ ਮੇਰੁ ਪਰਬਤੁ ਸੁਆਮੀ ਓਟ ਗਹੀ ਮੈ ਤੇਰੀ॥		Thoon Maero Maer Parabath Suaamee Outt Gehee Mai Thaeree ||	You are my Sumayr Mountain, O my Lord and Master; I have grasped Your Support.	ਹੇ ਪ੍ਰਭੂ! ਤੂੰ (ਹੀ) ਮੇਰਾ ਸਭ ਤੋਂ ਵੱਡਾ ਆਸਰਾ ਹੈਂ। ਮੈਂ ਤੇਰੀ ਹੀ ਓਟ ਫੜੀ ਹੈ (ਕਿਸੇ ਤੀਰਥ ਉੱਤੇ ਵੱਸਣ ਦਾ ਤਕੀਆ ਮੈਂ ਨਹੀਂ ਤੱਕਿਆ)।
41643	969	ਨਾ ਤੁਮ ਡੋਲਹੁ ਨਾ ਹਮ ਗਿਰਤੇ ਰਖਿ ਲੀਨੀ ਹਰਿ ਮੇਰੀ॥੧॥		Naa Thum Ddolahu Naa Ham Girathae Rakh Leenee Har Maeree ||1||	You do not shake, and I do not fall. You have preserved my honor. ||1||	ਤੂੰ ਸਦਾ ਅਡੋਲ ਰਹਿਣ ਵਾਲਾ ਹੈਂ (ਤੇਰਾ ਲੜ ਫੜ ਕੇ) ਮੈਂ ਭੀ ਨਹੀਂ ਡੋਲਦਾ, ਕਿਉਂਕਿ ਹੇ ਹਰੀ! ਤੂੰ ਆਪ ਮੇਰੀ ਲਾਜ ਰੱਖ ਲਈ ਹੈ ॥੧॥
41644	969	ਅਬ ਤਬ ਜਬ ਕਬ ਤੁਹੀ ਤੁਹੀ॥		Ab Thab Jab Kab Thuhee Thuhee ||	Now and then, here and there, You, only You.	ਹੇ ਪ੍ਰਭੂ! ਸਦਾ ਲਈ ਤੂੰ ਹੀ ਤੂੰ ਹੀ ਮੇਰਾ ਸਹਾਰਾ ਹੈਂ।
41645	969	ਹਮ ਤੁਅ ਪਰਸਾਦਿ ਸੁਖੀ ਸਦ ਹੀ॥੧॥ਰਹਾਉ॥		Ham Thua Parasaadh Sukhee Sadh Hee ||1|| Rehaao ||	By Your Grace, I am forever in peace. ||1||Pause||	ਤੇਰੀ ਮਿਹਰ ਨਾਲ ਮੈਂ ਸਦਾ ਹੀ ਸੁਖੀ ਹਾਂ ॥੧॥ ਰਹਾਉ ॥

41646	969	ਤੋਰੇ ਭਰੋਸੇ ਮਗਹਰ ਬਸਿਓ ਮੇਰੇ ਤਨ ਕੀ ਤਪਤਿ ਬੁਝਾਈ॥	ਬੁਝਾਈ: ਪੋਲਾ ਬੋਲੋ	Thorae Bharosae Magehar Basiou Maerae Than Kee Thapath Bujhaaee ||	Relying upon You, I can live even in the cursed place of Magahar; You have put out the fire of my body.	(ਲੋਕ ਆਖਦੇ ਹਨ ਮਗਹਰ ਸਰਾਪੀ ਹੋਈ ਧਰਤੀ ਹੈ, ਪਰ) ਮੈਂ ਤੇਰੇ ਉੱਤੇ ਸ਼ਰਧਾ ਧਾਰ ਕੇ ਮਗਹਰ ਜਾ ਵੱਸਿਆ, (ਤੂੰ ਮਿਹਰ ਕੀਤੀ ਤੇ) ਮੇਰੇ ਸਰੀਰ ਦੀ (ਵਿਕਾਰਾਂ ਦੀ) ਤਪਸ਼ (ਮਗਹਰ ਵਿਚ ਹੀ) ਬੁਝਾ ਦਿੱਤੀ।
41647	969	ਪਹਿਲੇ ਦਰਸਨੁ ਮਗਹਰ ਪਾਇਓ ਫੁਨਿ ਕਾਸੀ ਬਸੇ ਆਈ॥੨॥	ਕਾਂਸੀ	Pehilae Dharasan Magehar Paaeiou Fun Kaasee Basae Aaee ||2||	First, I obtained the Blessed Vision of Your Darshan in Magahar; then, I came to dwell at Benares. ||2||	ਮੈਂ, ਹੇ ਪ੍ਰਭੂ! ਤੇਰਾ ਦੀਦਾਰ ਪਹਿਲਾਂ ਮਗਹਰ ਵਿਚ ਰਹਿੰਦਿਆਂ ਹੀ ਕੀਤਾ ਸੀ, ਤੇ ਫੇਰ ਮੈਂ ਕਾਸ਼ੀ ਵਿਚ ਆ ਵੱਸਿਆ ॥੨॥
41648	969	ਜੈਸਾ ਮਗਹਰੁ ਤੈਸੀ ਕਾਸੀ ਹਮ ਏਕੈ ਕਰਿ ਜਾਨੀ॥		Jaisaa Magehar Thaisee Kaasee Ham Eaekai Kar Jaanee ||	As is Magahar, so is Benares; I see them as one and the same.	(ਹੇ ਪ੍ਰਭੂ ਤੇਰੇ ਆਸਰੇ ਅਤੇ ਨਾਮ ਧਨ ਦੀ ਬਰਕਤਿ ਨਾਲ) ਮੈਂ ਮਗਹਰ ਤੇ ਕਾਸ਼ੀ ਦੋਹਾਂ ਨੂੰ ਇਕੋ ਜਿਹਾ ਹੀ ਸਮਝਿਆ ਹੈ।
41649	969	ਹਮ ਨਿਰਧਨ ਜਿਉ ਇਹੁ ਧਨੁ ਪਾਇਆ ਮਰਤੇ ਫੂਟਿ ਗੁਮਾਨੀ॥੩॥		Ham Niradhhan Jio Eihu Dhhan Paaeiaa Marathae Foott Gumaanee ||3||	I am poor, but I have obtained this wealth of the Lord; the proud are bursting with pride, and die. ||3||	ਜਿਵੇਂ ਕਿਸੇ ਕੰਗਾਲ ਨੂੰ ਧਨ ਮਿਲ ਜਾਏ, (ਤਿਵੇਂ) ਮੈਨੂੰ ਕੰਗਾਲ ਨੂੰ ਤੇਰਾ ਨਾਮ ਧਨ ਮਿਲ ਗਿਆ ਹੈ, ਪਰ (ਜਿਨ੍ਹਾਂ ਨੂੰ ਕਾਸ਼ੀ ਤੀਰਥ ਤੇ ਵੱਸਣ ਦਾ ਮਾਣ ਹੈ ਉਹ) ਹੰਕਾਰੀ ਹੰਕਾਰ ਵਿਚ ਦੁੱਖੀ ਹੁੰਦੇ ਹਨ ॥੩॥

41650	969	ਕਰੈ ਗੁਮਾਨੁ ਚੁਭਹਿ ਤਿਸੁ ਸੂਲਾ ਕੋ ਕਾਢਨ ਕਉ ਨਾਹੀ॥		Karai Gumaan Chubhehi This Soolaa Ko Kaadtan Ko Naahee ||	One who takes pride in himself is stuck with thorns; no one can pull them out.	ਜੋ ਮਨੁੱਖ ਮਾਣ ਕਰਦਾ ਹੈ (ਮਾਣ ਚਾਹੇ ਕਿਸੇ ਗੱਲ ਦਾ ਹੋਵੇ) ਉਸ ਨੂੰ (ਇਉਂ ਹੁੰਦਾ ਹੈ ਜਿਵੇਂ) ਸੂਲਾਂ ਚੁੱਭਦੀਆਂ ਹਨ। ਕੋਈ ਉਹਨਾਂ ਦੀਆਂ ਇਹ ਸੂਲਾਂ ਪੁੱਟ ਨਹੀਂ ਸਕਦਾ।
41651	969	ਅਜੈ ਸੁ ਚੋਭ ਕਉ ਬਿਲਲ ਬਿਲਾਤੇ ਨਰਕੇ ਘੋਰ ਪਚਾਹੀ॥੪॥	(ਬਿਲਲ) ਮੂਰਖ, ਵਿਅਕਲ। ਅਜੈ: ਪੋਲਾ ਬੋਲੋ	Ajai S Chobh Ko Bilal Bilaathae Narakae Ghor Pachaahee ||4||	Here, he cries bitterly, and hereafter, he burns in the most hideous hell. ||4||	ਸਾਰੀ ਉਮਰ (ਉਹ ਹੰਕਾਰੀ) ਉਹਨਾਂ ਚੋਭਾਂ ਦੇ ਮਾਰੇ ਵਿਲਕਦੇ ਹਨ, ਮਾਨੋ, ਘੋਰ ਨਰਕ ਵਿਚ ਸੜ ਰਹੇ ਹਨ ॥੪॥
41652	969	ਕਵਨੁ ਨਰਕੁ ਕਿਆ ਸੁਰਗੁ ਬਿਚਾਰਾ ਸੰਤਨ ਦੋਊ ਰਾਦੇ॥		Kavan Narak Kiaa Surag Bichaaraa Santhan Dhooo Raadhae ||	What is hell, and what is heaven? The Saints reject them both.	(ਇਹ ਲੋਕ ਆਖਦੇ ਹਨ ਕਿ ਕਾਸ਼ੀ ਵਿਚ ਰਹਿਣ ਵਾਲਾ ਸੁਰਗ ਮਾਣਦਾ ਹੈ, ਪਰ) ਨਰਕ ਕੀਹ, ਤੇ, ਵਿਚਾਰਾ ਸੁਰਗ ਕੀਹ? ਸੰਤਾਂ ਨੇ ਦੋਵੇਂ ਹੀ ਰੱਦ ਕਰ ਦਿੱਤੇ ਹਨ;
41653	969	ਹਮ ਕਾਹੂ ਕੀ ਕਾਣਿ ਨ ਕਢਤੇ ਅਪਨੇ ਗੁਰ ਪਰਸਾਦੇ॥੫॥		Ham Kaahoo Kee Kaan N Kadtathae Apanae Gur Parasaadhae ||5||	I have no obligation to either of them, by the Grace of my Guru. ||5||	ਕਿਉਂਕਿ ਸੰਤ ਆਪਣੇ ਗੁਰੂ ਦੀ ਕਿਰਪਾ ਨਾਲ (ਨਾਹ ਸੁਰਗ ਤੇ ਨਾਹ ਨਰਕ) ਕਿਸੇ ਦੇ ਭੀ ਮੁਥਾਜ ਨਹੀਂ ਹਨ ॥੫॥

41654	969	ਅਬ ਤਉ ਜਾਇ ਚਢੇ ਸਿੰਘਾਸਨਿ ਮਿਲੇ ਹੈ ਸਾਰਿੰਗਪਾਨੀ॥		Ab Tho Jaae Chadtae Singhaasan Milae Hai Saaringapaanee ||	Now, I have mounted to the throne of the Lord; I have met the Lord, the Sustainer of the World.	(ਆਪਣੇ ਗੁਰੂ ਦੀ ਕਿਰਪਾ ਨਾਲ) ਮੈਂ ਹੁਣ ਉੱਚੇ ਆਤਮਕ ਟਿਕਾਣੇ ਤੇ ਅੱਪੜ ਗਿਆ ਹਾਂ, ਜਿੱਥੇ ਮੈਨੂੰ ਪਰਮਾਤਮਾ ਮਿਲ ਪਿਆ ਹੈ।
41655	969	ਰਾਮ ਕਬੀਰਾ ਏਕ ਭਏ ਹੈ ਕੋਇ ਨ ਸਕੈ ਪਛਾਨੀ॥੬॥੩॥		Raam Kabeeraa Eaek Bheae Hai Koe N Sakai Pashhaanee ||6||3||	The Lord and Kabeer have become one. No one can tell them apart. ||6||3||	ਮੈਂ ਕਬੀਰ ਅਤੇ ਮੇਰਾ ਰਾਮ ਇੱਕ-ਰੂਪ ਹੋ ਗਏ ਹਾਂ, ਕੋਈ ਸਾਡੇ ਵਿਚ ਫ਼ਰਕ ਨਹੀ ਦੱਸ ਸਕਦਾ ॥੬॥੩॥
41656	969	ਸੰਤਾ ਮਾਨਉ ਦੂਤਾ ਡਾਨਉ ਇਹ ਕੁਟਵਾਰੀ ਮੇਰੀ॥		Santhaa Maano Dhoothaa Ddaano Eih Kuttavaaree Maeree ||	I honor and obey the Saints, and punish the wicked; this is my duty as God's police officer.	ਆਪਣੇ ਇਸ ਸਰੀਰ-ਰੂਪ ਸ਼ਹਿਰ ਦੀ ਰਾਖੀ ਕਰਨ ਲਈ ਮੇਰਾ ਫ਼ਰਜ਼ ਇਹ ਹੈ ਕਿ ਮੈਂ ਭਲੇ ਗੁਣਾਂ ਨੂੰ ਜੀ-ਆਇਆਂ ਆਖਾਂ ਤੇ ਵਿਕਾਰਾਂ ਨੂੰ ਮਾਰ ਕੱਢਾਂ।
41657	969	ਦਿਵਸ ਰੈਨਿ ਤੇਰੇ ਪਾਉ ਪਲੋਸਉ ਕੇਸ ਚਵਰ ਕਰਿ ਫੇਰੀ॥੧॥		Dhivas Rain Thaerae Paao Paloso Kaes Chavar Kar Faeree ||1||	Day and night, I wash Your feet, Lord; I wave my hair as the chauree, to brush away the flies. ||1||	ਦਿਨ ਰਾਤ, ਹੇ ਪ੍ਰਭੂ! ਤੇਰੇ ਚਰਨ ਪਰਸਾਂ ਅਤੇ ਆਪਣੇ ਕੇਸਾਂ ਦਾ ਚੌਰ ਤੇਰੇ ਉੱਤੇ ਝੁਲਾਵਾਂ ॥੧॥
41658	969	ਹਮ ਕੂਕਰ ਤੇਰੇ ਦਰਬਾਰਿ॥		Ham Kookar Thaerae Dharabaar ||	I am a dog at Your Court, Lord.	ਹੇ ਪ੍ਰਭੂ! ਮੈਂ ਤੇਰੇ ਦਰ ਤੇ (ਬੈਠਾ ਹੋਇਆ ਇਕ) ਕੁੱਤਾ ਹਾਂ,

41659	969	ਭਉਕਹਿ ਆਗੈ ਬਦਨੁ ਪਸਾਰਿ॥੧॥ਰਹਾਉ॥		Bhoukehi Aagai Badhan Pasaar ||1|| Rehaao ||	I open my snout and bark before it. ||1||Pause||	ਤੇ ਮੂੰਹ ਅਗਾਂਹ ਵਧਾ ਕੇ ਭੌਂਕ ਰਿਹਾ ਹਾਂ {ਭਾਵ, ਤੇਰੇ ਦਰ ਤੇ ਮੈਂ ਜੋ ਤੇਰੀ ਸਿਫ਼ਤ-ਸਾਲਾਹ ਕਰ ਰਿਹਾ ਹਾਂ, ਇਹ ਆਪਣੇ ਸਰੀਰ ਨੂੰ ਵਿਕਾਰ-ਕੁੱਤਿਆਂ ਤੋਂ ਬਚਾਉਣ ਲਈ ਹੈ, ਜਿਵੇਂ ਇਕ ਕੁੱਤਾ ਕਿਸੇ ਪਰਾਈ ਗਲੀ ਦੇ ਕੁੱਤਿਆਂ ਤੋਂ ਆਪਣੇ ਆਪ ਦੀ ਰਾਖੀ ਕਰਨ ਲਈ ਭੌਂਕਦਾ ਹੈ। ਇਹੀ ਗੱਲ ਸਤਿਗੁਰੂ ਨਾਨਕ ਦੇਵ ਜੀ ਨੇ ਆਖੀ ਹੈ: ਏਤੇ ਕੂਕਰ ਹਉ ਬੇਗਾਨਾ ਭਉਕਾ ਇਸੁ ਤਨ ਤਾਈ ॥੧॥ ਰਹਾਉ ॥
41660	970	ਪੂਰਬ ਜਨਮ ਹਮ ਤੁਮ੍ਰੇ ਸੇਵਕ ਅਬ ਤਉ ਮਿਟਿਆ ਨ ਜਾਈ॥		Poorab Janam Ham Thumharae Saevak Ab Tho Mittiaa N Jaaee ||	In my past life, I was Your servant; now, I cannot leave You.	ਹੇ ਪ੍ਰਭੂ! ਮੈਂ ਤਾਂ ਪਹਿਲੇ ਜਨਮਾਂ ਵਿਚ ਭੀ ਤੇਰਾ ਹੀ ਸੇਵਕ ਰਿਹਾ ਹਾਂ, ਹੁਣ ਭੀ ਤੇਰੇ ਦਰ ਤੋਂ ਹਟਿਆ ਨਹੀਂ ਜਾ ਸਕਦਾ।
41661	970	ਤੇਰੇ ਦੁਆਰੈ ਧੁਨਿ ਸਹਜ ਕੀ ਮਾਥੈ ਮੇਰੇ ਦਗਾਈ॥੨॥		Thaerae Dhuaarai Dhhun Sehaj Kee Maathhai Maerae Dhagaaee ||2||	The celestial sound current resounds at Your Door. Your insignia is stamped upon my forehead. ||2||	ਤੇਰੇ ਦਰ ਤੇ ਰਿਹਾਂ (ਮਨੁੱਖ ਦੇ ਅੰਦਰ) ਅਡੋਲ ਅਵਸਥਾ ਦੀ ਰੌ (ਚਲ ਪੈਂਦੀ ਹੈ, ਉਹ ਰੌ) ਮੈਨੂੰ ਭੀ ਪ੍ਰਾਪਤ ਹੋ ਗਈ ਹੈ ॥੨॥

41662	970	ਦਾਗੇ ਹੋਹਿ ਸੁ ਰਨ ਮਹਿ ਜੂਝਹਿ ਬਿਨੁ ਦਾਗੇ ਭਗਿ ਜਾਈ॥	ਰਨ: ਪੋਲਾ ਬੋਲੋ। ਦੱਾਗੇ, ਜੂੱਝਹਿ, ਭੱਗਿ	Dhaagae Hohi S Ran Mehi Joojhehi Bin Dhaagae Bhag Jaaee ||	Those who are branded with Your brand fight bravely in battle; those without Your brand run away.	ਜਿਨ੍ਹਾਂ ਦੇ ਮੱਥੇ ਉੱਤੇ ਮਾਲਕ ਦਾ (ਇਹ ਭਗਤੀ ਦਾ) ਨਿਸ਼ਾਨ ਹੁੰਦਾ ਹੈ, ਉਹ ਰਣ-ਭੂਮੀ ਵਿਚ ਲੜ ਮਰਦੇ ਹਨ। ਜੋ ਇਸ ਨਿਸ਼ਾਨ ਤੋਂ ਸੱਖਣੇ ਹਨ ਉਹ (ਟਾਕਰਾ ਪੈਣ ਤੇ) ਭਾਂਜ ਖਾ ਜਾਂਦੇ ਹਨ।
41663	970	ਸਾਧੂ ਹੋਇ ਸੁ ਭਗਤਿ ਪਛਾਨੈ ਹਰਿ ਲਏ ਖਜਾਨੈ ਪਾਈ॥੩॥		Saadhhoo Hoe S Bhagath Pashhaanai Har Leae Khajaanai Paaee ||3||	One who becomes a Holy person, appreciates the value of devotional worship to the Lord. The Lord places him in His treasury. ||3||	(ਭਾਵ) ਜੋ ਮਨੁੱਖ ਪ੍ਰਭੂ ਦਾ ਭਗਤ ਬਣਦਾ ਹੈ, ਉਹ ਭਗਤੀ ਨਾਲ ਸਾਂਝ ਪਾਂਦਾ ਹੈ ਤੇ ਪ੍ਰਭੂ ਉਸ ਨੂੰ ਆਪਣੇ ਦਰ ਤੇ ਪ੍ਰਵਾਨ ਕਰ ਲੈਂਦਾ ਹੈ ॥੩॥
41664	970	ਕੋਠਰੇ ਮਹਿ ਕੋਠਰੀ ਪਰਮ ਕੋਠੀ ਬੀਚਾਰਿ॥		Kotharae Mehi Kotharee Param Kothee Beechaar ||	In the fortress is the chamber; by contemplative meditation it becomes the supreme chamber.	(ਮਨੁੱਖਾ-ਸਰੀਰ, ਮਾਨੋ, ਇਕ ਨਿੱਕਾ ਜਿਹਾ ਕੋਠਾ ਹੈ, ਇਸ) ਨਿੱਕੇ ਜਿਹੇ ਸੁਹਣੇ ਕੋਠੇ ਵਿਚ (ਦਿਮਾਗ਼ ਇਕ ਹੋਰ) ਨਿੱਕੀ ਜਿਹੀ ਕੋਠੜੀ ਹੈ, ਪਰਮਾਤਮਾ ਦੇ ਨਾਮ ਦੀ ਵਿਚਾਰ ਦੀ ਬਰਕਤਿ ਨਾਲ ਇਹ ਨਿੱਕੀ ਕੋਠੜੀ ਸੁਹਣੀ ਬਣਦੀ ਜਾਂਦੀ ਹੈ।

41665	970	ਗੁਰਿ ਦੀਨੀ ਬਸਤੁ ਕਬੀਰ ਕਉ ਲੇਵਹੁ ਬਸਤੁ ਸਮ੍ਹਾਰਿ॥੪॥		Gur Dheenee Basath Kabeer Ko Laevahu Basath Samhaar ||4||	The Guru has blessed Kabeer with the commodity, saying, ""Take this commodity; cherish it and keep it secure.""||4||	ਮੈਨੂੰ ਕਬੀਰ ਨੂੰ ਮੇਰੇ ਗੁਰੂ ਨੇ ਨਾਮ-ਵਸਤ ਦਿੱਤੀ (ਤੇ, ਆਖਣ ਲੱਗਾ) ਇਹ ਵਸਤ (ਇਕ ਨਿੱਕੀ ਕੋਠੜੀ ਵਿਚ) ਸਾਂਭ ਕੇ ਰੱਖ ਲੈ ॥੪॥
41666	970	ਕਬੀਰਿ ਦੀਈ ਸੰਸਾਰ ਕਉ ਲੀਨੀ ਜਿਸੁ ਮਸਤਕਿ ਭਾਗੁ॥	ਦੀ-ਈ	Kabeer Dheeee Sansaar Ko Leenee Jis Masathak Bhaag ||	Kabeer gives it to the world, but he alone receives it, upon whose forehead such destiny is recorded.	ਮੈਂ ਕਬੀਰ ਨੇ ਇਹ ਨਾਮ-ਵਸਤ ਜਗਤ ਦੇ ਲੋਕਾਂ ਨੂੰ (ਭੀ ਵੰਡ) ਦਿੱਤੀ, ਪਰ ਕਿਸੇ ਭਾਗਾਂ ਵਾਲੇ ਨੇ ਹਾਸਲ ਕੀਤੀ।
41667	970	ਅੰਮ੍ਰਿਤ ਰਸੁ ਜਿਨਿ ਪਾਇਆ ਥਿਰੁ ਤਾ ਕਾ ਸੋਹਾਗੁ॥੫॥੪॥		Anmrith Ras Jin Paaeiaa Thhir Thaa Kaa Sohaag ||5||4||	Permanent is the marriage, of one who receives this ambrosial essence. ||5||4||	ਜਿਸ ਕਿਸੇ ਨੇ ਇਹ ਨਾਮ-ਅੰਮ੍ਰਿਤ ਦਾ ਸੁਆਦ ਚੱਖਿਆ ਹੈ, ਉਹ ਸਦਾ ਵਾਸਤੇ ਭਾਗਾਂ ਵਾਲਾ ਬਣ ਗਿਆ ਹੈ ॥੫॥੪॥
41668	970	ਜਿਹ ਮੁਖ ਬੇਦੁ ਗਾਇਤ੍ਰੀ ਨਿਕਸੈ ਸੋ ਕਿਉ ਬ੍ਰਹਮਨੁ ਬਿਸਰੁ ਕਰੈ॥		Jih Mukh Baedh Gaaeithree Nikasai So Kio Brehaman Bisar Karai ||	O Brahmin, how can you forget the One, from whose mouth the Vedas and the Gayitri prayer issured forth?	ਬ੍ਰਾਹਮਣ ਉਸ ਪ੍ਰਭੂ ਨੂੰ ਕਿਉਂ ਵਿਸਾਰਦਾ ਹੈ, ਜਿਸ ਦੇ ਮੂੰਹ ਵਿਚੋਂ ਵੇਦ ਤੇ ਗਾਇਤ੍ਰੀ (ਆਦਿਕ) ਨਿਕਲੇ (ਮੰਨਦਾ) ਹੈ?

41669	970	ਜਾ ਕੈ ਪਾਇ ਜਗਤੁ ਸਭੁ ਲਾਗੈ ਸੋ ਕਿਉ ਪੰਡਿਤੁ ਹਰਿ ਨ ਕਹੈ॥੧॥	ਜੱਗਤੁ	Jaa Kai Paae Jagath Sabh Laagai So Kio Panddith Har N Kehai ||1||	The whole world falls at His feet; why don't you chant the Name of that Lord, O Pandit? ||1||	ਪੰਡਿਤ ਉਸ ਪਰਮਾਤਮਾ ਨੂੰ ਕਿਉਂ ਨਹੀਂ ਸਿਮਰਦਾ, ਜਿਸ ਦੇ ਚਰਨਾਂ ਤੇ ਸਾਰਾ ਸੰਸਾਰ ਪੈਂਦਾ ਹੈ? ॥੧॥
41670	970	ਕਾਹੇ ਮੇਰੇ ਬਾਮ੍ਹਨ ਹਰਿ ਨ ਕਹਹਿ॥		Kaahae Maerae Baamhan Har N Kehehi ||	Why, O my Brahmin, do you not chant the Lord's Name?	ਹੇ ਮੇਰੇ ਬ੍ਰਾਹਮਣ! ਤੂੰ ਪਰਮਾਤਮਾ ਦਾ ਨਾਮ ਕਿਉਂ ਨਹੀਂ ਸਿਮਰਦਾ?
41671	970	ਰਾਮੁ ਨ ਬੋਲਹਿ ਪਾਡੇ ਦੋਜਕੁ ਭਰਹਿ॥੧॥ਰਹਾਉ॥	ਪਾਂਡੇ	Raam N Bolehi Paaddae Dhojak Bharehi ||1|| Rehaao ||	If you don't chant the Lord's Name, O Pandit, you will only suffer in hell. ||1||Pause||	ਹੇ ਪੰਡਿਤ! ਤੂੰ ਰਾਮ ਨਹੀਂ ਬੋਲਦਾ, ਤੇ ਦੋਜਕ (ਦਾ ਦੁੱਖ) ਸਹਾਰ ਰਿਹਾ ਹੈਂ ॥੧॥ ਰਹਾਉ ॥
41672	970	ਆਪਨ ਊਚ ਨੀਚ ਘਰਿ ਭੋਜਨੁ ਹਠੇ ਕਰਮ ਕਰਿ ਉਦਰੁ ਭਰਹਿ॥	ਹਠੇ: ਪੋਲਾ ਬੋਲੋ	Aapan Ooch Neech Ghar Bhojan Hathae Karam Kar Oudhar Bharehi ||	You think that you are high, but you take food from the houses of the lowly; you fill up your belly by forcibly practicing your rituals.	ਹੇ ਬ੍ਰਾਹਮਣ! ਤੂੰ ਆਪਣੇ ਆਪ ਨੂੰ ਉੱਚੀ ਕੁਲ ਦਾ (ਸਮਝਦਾ ਹੈਂ), ਪਰ ਭੋਜਨ ਪਾਂਦਾ ਹੈਂ (ਆਪਣੇ ਤੋਂ) ਨੀਵੀਂ ਕੁਲ ਵਾਲਿਆਂ ਦੇ ਘਰ ਵਿਚ। ਤੂੰ ਹਠ ਵਾਲੇ ਕਰਮ ਕਰ ਕੇ (ਤੇ ਲੋਕਾਂ ਨੂੰ ਵਿਖਾ ਵਿਖਾ ਕੇ) ਆਪਣਾ ਪੇਟ ਪਾਲਦਾ ਹੈਂ।

41673	970	ਚਉਦਸ ਅਮਾਵਸ ਰਚਿ ਰਚਿ ਮਾਂਗਹਿ ਕਰ ਦੀਪਕੁ ਲੈ ਕੂਪਿ ਪਰਹਿ॥੨॥		Choudhas Amaavas Rach Rach Maangehi Kar Dheepak Lai Koop Parehi ||2||	On the fourteenth day, and the night of the new moon, you go out begging; even though you hold the lamp in your hands, still, you fall into the pit. ||2||	ਚੌਦੇਂ ਤੇ ਮੱਸਿਆ (ਆਦਿਕ ਥਿੱਤਾਂ ਬਨਾਵਟੀ) ਥਾਪ ਥਾਪ ਕੇ ਤੂੰ (ਜਜਮਾਨਾਂ ਪਾਸੋਂ) ਮੰਗਦਾ ਹੈਂ; ਤੂੰ (ਆਪਣੇ ਆਪ ਨੂੰ ਵਿਦਵਾਨ ਸਮਝਦਾ ਹੈਂ ਪਰ ਇਹ ਵਿੱਦਿਆ-ਰੂਪ) ਦੀਵਾ ਹੱਥਾਂ ਉੱਤੇ ਰੱਖ ਕੇ ਖੂਹ ਵਿਚ ਡਿੱਗ ਰਿਹਾ ਹੈਂ ॥੨॥
41674	970	ਤੂੰ ਬ੍ਰਹਮਨੁ ਮੈ ਕਾਸੀਕ ਜੁਲਹਾ ਮੁਹਿ ਤੋਹਿ ਬਰਾਬੰਰੀ ਕੈਸੇ ਕੈ ਬਨਹਿ॥	ਕਾਸੀ-ਕ। ਜੁਲ-ਹਾ	Thoon Brehaman Mai Kaaseek Julehaa Muhi Thohi Baraabaree Kaisae Kai Banehi ||	You are a Brahmin, and I am only a weaver from Benares. How can I compare to you?	ਤੂੰ (ਆਪਣੇ ਆਪ ਨੂੰ ਉੱਚੀ ਕੁਲ ਦਾ) ਬ੍ਰਹਮਣ (ਸਮਝਦਾ ਹੈਂ), ਮੈਂ (ਤੇਰੀਆਂ ਨਜ਼ਰਾਂ ਵਿਚ) ਕਾਸ਼ੀ ਦਾ (ਗ਼ਰੀਬ) ਜੁਲਾਹ ਹਾਂ। ਸੋ, ਮੇਰੀ ਤੇਰੀ ਬਰਾਬਰੀ ਕਿਵੇਂ ਹੋ ਸਕਦੀ ਹੈ? (ਭਾਵ, ਤੂੰ ਮੇਰੀ ਗੱਲ ਆਪਣੇ ਮਾਣ ਵਿਚ ਗਹੁ ਨਾਲ ਸੁਣਨ ਨੂੰ ਤਿਆਰ ਨਹੀਂ ਹੋ ਸਕਦਾ)।
41675	970	ਹਮਰੇ ਰਾਮ ਨਾਮ ਕਹਿ ਉਬਰੇ ਬੇਦ ਭਰੋਸੇ ਪਾਂਡੇ ਡੂਬਿ ਮਰਹਿ॥੩॥੫॥		Hamarae Raam Naam Kehi Oubarae Baedh Bharosae Paanddae Ddoob Marehi ||3||5||	Chanting the Lord's Name, I have been saved; relying on the Vedas, O Brahmin, you shall drown and die. ||3||5||	ਪਰ ਅਸੀਂ (ਜੁਲਾਹੇ ਤਾਂ) ਪਰਮਾਤਮਾ ਦਾ ਨਾਮ ਸਿਮਰ ਕੇ (ਸੰਸਾਰ-ਸਮੁੰਦਰ ਤੋਂ) ਬਚ ਰਹੇ ਹਾਂ, ਤੇ ਤੁਸੀਂ, ਹੇ ਪਾਂਡੇ! ਵੇਦਾਂ ਦੇ (ਦੱਸੇ ਕਰਮ-ਕਾਂਡ ਦੇ) ਭਰੋਸੇ ਰਹਿ ਕੇ ਹੀ ਡੁੱਬ ਕੇ ਮਰ ਰਹੇ ਹੋ ॥੩॥੫॥

41676	970	ਤਰਵਰੁ ਏਕੁ ਅਨੰਤ ਡਾਰ ਸਾਖਾ ਪੁਹਪ ਪਤ੍ਰ ਰਸ ਭਰੀਆ॥	ਪੱਤ੍ਰ	Tharavar Eaek Ananth Ddaar Saakhaa Puhap Pathr Ras Bhareeaa ||	There is a single tree, with countless branches and twigs; its flowers and leaves are filled with its juice.	(ਗੁਰੂ ਦੇ ਸਨਮੁਖ ਹੋਏ ਅਜਿਹੇ ਮਨੁੱਖ ਨੂੰ ਇਹ ਸਮਝ ਆ ਜਾਂਦੀ ਹੈ ਕਿ) ਸੰਸਾਰ ਇਕ ਰੁਖ (ਸਮਾਨ) ਹੈ, (ਜਗਤ ਦੇ ਜੀਆ-ਜੰਤ, ਮਾਨੋ, ਉਸ ਰੁੱਖ ਦੀਆਂ) ਬੇਅੰਤ ਡਾਲੀਆਂ ਤੇ ਟਹਿਣੀਆਂ ਹਨ, ਜੋ ਫੁੱਲਾਂ, ਪੱਤਰਾਂ ਤੇ ਰਸ-ਭਰੇ ਫਲਾਂ ਨਾਲ ਲੱਦੀਆਂ ਹੋਈਆਂ ਹਨ।
41677	970	ਇਹ ਅੰਮ੍ਰਿਤ ਕੀ ਬਾੜੀ ਹੈ ਰੇ ਤਿਨਿ ਹਰਿ ਪੂਰੈ ਕਰੀਆ॥੧॥		Eih Anmrith Kee Baarree Hai Rae Thin Har Poorai Kareeaa ||1||	This world is a garden of Ambrosial Nectar. The Perfect Lord created it. ||1||	ਇਹ ਸੰਸਾਰ ਅੰਮ੍ਰਿਤ ਦੀ ਇਕ ਬਗ਼ੀਚੀ ਹੈ, ਜੋ ਉਸ ਪੂਰਨ ਪਰਮਾਤਮਾ ਨੇ ਬਣਾਈ ਹੈ ॥੧॥
41678	970	ਜਾਨੀ ਜਾਨੀ ਰੇ ਰਾਜਾਰਾਮ ਕੀ ਕਹਾਨੀ॥		Jaanee Jaanee Rae Raajaa Raam Kee Kehaanee ||	I have come to know the story of my Sovereign Lord.	ਹੇ ਭਾਈ! ਜੋ ਕੋਈ ਮਨੁੱਖ ਆਪਣੇ ਆਪ ਨੂੰ ਗੁਰੂ ਦੇ ਹਵਾਲੇ ਕਰਦਾ ਹੈ, ਉਹ ਪ੍ਰਕਾਸ਼-ਰੂਪ ਪਰਮਾਤਮਾ ਦੇ ਮੇਲ ਦੀ ਅਵਸਥਾ ਨੂੰ ਸਮਝ ਲੈਂਦਾ ਹੈ।
41679	970	ਅੰਤਰਿ ਜੋਤਿ ਰਾਮ ਪਰਗਾਸਾ ਗੁਰਮੁਖਿ ਬਿਰਲੈ ਜਾਨੀ॥੧॥ਰਹਾਉ॥		Anthar Joth Raam Paragaasaa Guramukh Biralai Jaanee ||1|| Rehaao ||	How rare is that Gurmukh who knows, and whose inner being is illumined by the Lord's Light. ||1||Pause||	ਉਸ ਦੇ ਅੰਦਰ ਜੋਤ ਜਗ ਪੈਂਦੀ ਹੈ, ਉਸ ਦੇ ਅੰਦਰ ਰਾਮ ਦਾ ਪਰਕਾਸ਼ ਹੋ ਜਾਂਦਾ ਹੈ। ਪਰ ਇਸ ਅਵਸਥਾ ਨਾਲ ਜਾਣ-ਪਛਾਣ ਕਰਨ ਵਾਲਾ ਹੁੰਦਾ ਕੋਈ ਵਿਰਲਾ ਹੈ ॥੧॥ ਰਹਾਉ ॥

41680	970	ਭਵਰੁ ਏਕੁ ਪੁਹਪ ਰਸ ਬੀਧਾ ਬਾਰਹ ਲੇ ਉਰ ਧਰਿਆ॥	(ਭਵਰੁ) ਗੁਰਸੇਵਕ। ਬ੍ਰਹਮ ਰੂਪੀ (ਪੁਹਪ) ਫ਼ੁੱਲ। ਪੰਜੇ ਗਿਆਨ ਇੰਦ੍ਰੇ, ਪੰਜੇ ਕਰਮ ਇੰਦ੍ਰੇ, ਮਨ, ਬੁੱਧ, ਇਨ੍ਹਾਂ ਦੇ ਵਿਸ਼ਿਆਂ ਨੂੰ ਜਿੱਤ ਕੇ ਰਿਦੇ ਚ (ਧਰਿਆ) ਧਰੇ। ਬੀੱਧਾ	Bhavar Eaek Puhap Ras Beedhhaa Baareh Lae Our Dhhariaa ||	The bumble bee, addicted to the nectar of the twelve-petalled flowers, enshrines it in the heart.	(ਜਿਵੇਂ) ਇਕ ਭੌਰਾ ਫੁੱਲ ਦੇ ਰਸ ਵਿਚ ਮਸਤ ਹੋ ਕੇ ਫੁੱਲ ਦੀਆਂ ਖਿੜੀਆਂ ਪੱਤੀਆਂ ਵਿਚ ਆਪਣੇ ਆਪ ਨੂੰ ਜਾ ਬੰਨ੍ਹਾਉਂਦਾ ਹੈ,
41681	970	ਸੋਰਹ ਮਧੇ ਪਵਨੁ ਝਕੋਰਿਆ ਆਕਾਸੇ ਫਰੁ ਫਰਿਆ॥੨॥		Soreh Madhhae Pavan Jhakoriaa Aakaasae Far Fariaa ||2||	He holds his breath suspended in the sixteen-petalled sky of the Akaashic Ethers, and beats his wings in esctasy. ||2||	(ਜਿਵੇਂ ਕੋਈ ਪੰਛੀ ਆਪਣੇ ਖੰਭਾਂ ਨਾਲ) ਹਵਾ ਨੂੰ ਹੁਲਾਰਾ ਦੇ ਕੇ ਆਕਾਸ਼ ਵਿਚ ਉੱਡਦਾ ਹੈ, ਤਿਵੇਂ ਉਹ ਗੁਰਮੁਖ ਨਾਮ-ਰਸ ਵਿਚ ਮਸਤ ਹੋ ਕੇ ਪੂਰਨ ਖਿੜਾਉ ਨੂੰ ਹਿਰਦੇ ਵਿਚ ਟਿਕਾਂਦਾ ਹੈ, ਤੇ ਸੋਚ-ਮੰਡਲ ਵਿਚ ਹੁਲਾਰਾ ਦੇ ਕੇ ਪ੍ਰਭੂ-ਚਰਨਾਂ ਵਿਚ ਉਡਾਰੀਆਂ ਲਾਂਦਾ ਹੈ ॥੨॥
41682	970	ਸਹਜ ਸੁੰਨਿ ਇਕੁ ਬਿਰਵਾ ਉਪਜਿਆ ਧਰਤੀ ਜਲ ਹਰੁ ਸੋਖਿਆ॥	ਸਹਿਜੇ ਹੀ (ਸੁੰਨਿ) ਅਫ਼ੁਰ ਰੂਪ। (ਬਿਰਵਾ) ਬੂਟਾ। (ਧਰਤੀ) ਬੁੱਧੀ ਅੰਦਰੋਂ ਪਦਾਰਥਾਂ ਰੂਪੀ ਜਲ, (ਸੋਖਿਆ) ਸੁਕਾ ਕੇ (ਹਰੁ) ਨਾਸ ਕਰ ਦਿਤਾ। (ਦੂਜਾ ਪਾਠ: ਜਲਹਰੁ)	Sehaj Sunn Eik Biravaa Oupajiaa Dhharathee Jalehar Sokhiaa ||	In the profound void of intuitive Samaadhi, the one tree rises up; it soaks up the water of desire from the ground.	ਉਸ ਗੁਰਮੁਖ ਦੀ ਉਸ ਅਡੋਲ ਤੇ ਅਫੁਰ ਅਵਸਥਾ ਵਿਚ ਉਸ ਦੇ ਅੰਦਰ (ਕੋਮਲਤਾ-ਰੂਪ) ਮਾਨੋ, ਇਕ ਕੋਮਲ ਬੂਟਾ ਉੱਗਦਾ ਹੈ, ਜੋ ਉਸ ਦੇ ਸਰੀਰ ਦੀ ਤ੍ਰਿਸ਼ਨਾ ਨੂੰ ਸੁਕਾ ਦੇਂਦਾ ਹੈ।

41683	970	ਕਹਿ ਕਬੀਰ ਹਉ ਤਾ ਕਾ ਸੇਵਕੁ ਜਿਨਿ ਇਹੁ ਬਿਰਵਾ ਦੇਖਿਆ॥੩॥੬॥		Kehi Kabeer Ho Thaa Kaa Saevak Jin Eihu Biravaa Dhaekhiaa ||3||6||	Says Kabeer, I am the servant of those who have seen this celestial tree. ||3||6||	ਕਬੀਰ ਆਖਦਾ ਹੈ ਕਿ ਮੈਂ ਉਸ ਗੁਰਮੁਖ ਦਾ ਦਾਸ ਹਾਂ, ਜਿਸ ਨੇ (ਆਪਣੇ ਅੰਦਰ ਉੱਗਿਆ ਹੋਇਆ) ਇਹ ਕੋਮਲ ਬੂਟਾ ਵੇਖਿਆ ਹੈ ॥੩॥੬॥
41684	970	ਮੁੰਦ੍ਰਾ ਮੋਨਿ ਦਇਆ ਕਰਿ ਝੋਲੀ ਪਤ੍ਰ ਕਾ ਕਰਹੁ ਬੀਚਾਰੁ ਰੇ॥	ਮਨ ਦੇ ਸੰਕਲਪਾਂ ਨੂੰ (ਮੋਨਿ) ਚੁੱਪ ਕਰੌਣਾ ਮੁੰਦ੍ਰਾ ਹੈ। ਬ੍ਰਹਮ ਬੀਚਾਰੁ ਪੱਤ੍ਰ। ਝੋਲੀ: ਪੋਲਾ ਬੋਲੋ	Mundhraa Mon Dhaeiaa Kar Jholee Pathr Kaa Karahu Beechaar Rae ||	Make silence your ear-rings, and compassion your wallet; let meditation be your begging bowl.	ਹੇ ਜੋਗੀ! (ਮਨ ਨੂੰ ਵਿਕਾਰਾਂ ਵਲੋਂ) ਸ਼ਾਂਤੀ (ਦੇਣੀ, ਇਹ ਕੰਨਾਂ ਦੀ) ਮੁੰਦ੍ਰਾ ਬਣਾ, ਅਤੇ (ਪ੍ਰਭੂ ਦੇ ਗੁਣਾਂ ਦੀ) ਵਿਚਾਰ ਨੂੰ ਖੱਪਰ ਬਣਾ।
41685	970	ਖਿੰਥਾ ਇਹੁ ਤਨੁ ਸੀਅਉ ਅਪਨਾ ਨਾਮੁ ਕਰਉ ਆਧਾਰੁ ਰੇ॥੧॥		Khinthhaa Eihu Than Seeao Apanaa Naam Karo Aadhhaar Rae ||1||	Sew this body as your patched coat, and take the Lord's Name as your support. ||1||	(ਮੈਂ ਭੀ ਤੇਰੇ ਵਾਂਗ ਇਕ ਜੋਗੀ ਹਾਂ, ਪਰ) ਮੈਂ ਆਪਣੇ ਸਰੀਰ ਨੂੰ ਵਿਕਾਰਾਂ ਵਲੋਂ ਬਚਾਉਂਦਾ ਹਾਂ, ਇਹ ਮੈਂ ਗੋਦੜੀ ਸੀਤੀ ਹੋਈ ਹੈ, ਜੋਗੀ! ਮੈਂ ਪ੍ਰਭੂ ਦੇ ਨਾਮ ਨੂੰ (ਆਪਣੀ ਜਿੰਦ ਦਾ) ਆਸਰਾ ਬਣਾਇਆ ਹੋਇਆ ਹੈ (ਇਹ ਮੇਰਾ ਸੁਆਹ ਦਾ ਬਟੂਆ ਹੈ) ॥੧॥
41686	970	ਐਸਾ ਜੋਗੁ ਕਮਾਵਹੁ ਜੋਗੀ॥		Aisaa Jog Kamaavahu Jogee ||	Practice such Yoga, O Yogi.	ਹੇ ਜੋਗੀ! ਇਹ ਜੋਗ-ਅੱਭਿਆਸ ਕਰੋ-

41687	970	ਜਪ ਤਪ ਸੰਜਮੁ ਗੁਰਮੁਖਿ ਭੋਗੀ॥੧॥ਰਹਾਉ॥		Jap Thap Sanjam Guramukh Bhogee ||1|| Rehaao ||	As Gurmukh, enjoy meditation, austerities and self-discipline. ||1||Pause||	(ਕਿ) ਗ੍ਰਿਹਸਤ ਵਿਚ ਰਹਿੰਦੇ ਹੋਏ ਹੀ ਸਤਿਗੁਰੂ ਦੇ ਸਨਮੁਖ ਰਹੋ, ਗੁਰੂ ਦੇ ਦੱਸੇ ਰਾਹ ਉੱਤੇ ਤੁਰਨਾ ਹੀ ਜਪ ਹੈ, ਇਹੀ ਤਪ ਹੈ, ਤੇ ਇਹੀ ਸੰਜਮ ਹੈ ॥੧॥ ਰਹਾਉ ॥
41688	970	ਬੁਧਿ ਬਿਭੂਤਿ ਚਢਾਵਉ ਅਪੁਨੀ ਸਿੰਗੀ ਸੁਰਤਿ ਮਿਲਾਈ॥		Budhh Bibhooth Chadtaavo Apunee Singee Surath Milaaee ||	Apply the ashes of wisdom to your body; let your horn be your focused consciousness.	(ਹੇ ਜੋਗੀ!) ਆਪਣੀ ਅਕਲ ਨੂੰ ਮੈਂ (ਉੱਚੇ ਟਿਕਾਣੇ ਪ੍ਰਭੂ-ਚਰਨਾਂ ਵਿਚ) ਚੜ੍ਹਾਈ ਰੱਖਦਾ ਹਾਂ, ਇਹ ਮੈਂ (ਪਿੰਡੇ ਉੱਤੇ) ਸੁਆਹ ਮਲੀ ਹੋਈ ਹੈ; ਮੈਂ ਆਪਣੇ ਮਨ ਦੀ ਸੁਰਤ ਨੂੰ (ਪ੍ਰਭੂ-ਚਰਨਾਂ ਵਿਚ) ਜੋੜਿਆ ਹੈ, ਇਹ ਮੇਰੀ ਸਿੰਙੀ ਹੈ।
41689	970	ਕਰਿ ਬੈਰਾਗੁ ਫਿਰਉ ਤਨਿ ਨਗਰੀ ਮਨ ਕੀ ਕਿੰਗੁਰੀ ਬਜਾਈ॥੨॥		Kar Bairaag Firo Than Nagaree Man Kee Kinguree Bajaaee ||2||	Become detached, and wander through the city of your body; play the harp of your mind. ||2||	ਮਾਇਆ ਵਲੋਂ ਵੈਰਾਗ ਕਰ ਕੇ ਮੈਂ ਭੀ (ਸਾਧੂ ਬਣ ਕੇ) ਫਿਰਦਾ ਹਾਂ, ਪਰ ਮੈਂ ਆਪਣੇ ਹੀ ਸਰੀਰ-ਰੂਪ ਨਗਰ ਵਿਚ ਫਿਰਦਾ ਹਾਂ (ਭਾਵ, ਖੋਜ ਕਰਦਾ ਹਾਂ); ਮੈਂ ਆਪਣੇ ਮਨ ਦੀ ਹੀ ਕਿੰਗ ਵਜਾਉਂਦਾ ਹਾਂ (ਭਾਵ, ਮਨ ਵਿਚ ਪ੍ਰਭੂ ਦੀ ਲਗਨ ਲਾਈ ਰੱਖਦਾ ਹਾਂ) ॥੨॥

41690	970	ਪੰਚ ਤਤੁ ਲੈ ਹਿਰਦੈ ਰਾਖਹੁ ਰਹੈ ਨਿਰਾਲਮ ਤਾੜੀ॥		Panch Thath Lai Hiradhai Raakhahu Rehai Niraalam Thaarree ||	Enshrine the five tatvas - the five elements, within your heart; let your deep meditative trance be undisturbed.	(ਹੇ ਜੋਗੀ!) ਪ੍ਰਭੂ ਨੂੰ ਆਪਣੇ ਹਿਰਦੇ ਵਿਚ ਪ੍ਰੋ ਰੱਖੋ, ਇਸ ਤਰ੍ਹਾਂ ਦੀ ਸਮਾਧੀ ਇੱਕ-ਟਕ ਬਣੀ ਰਹਿੰਦੀ ਹੈ।
41691	970	ਕਹਤੁ ਕਬੀਰੁ ਸੁਨਹੁ ਰੇ ਸੰਤਹੁ ਧਰਮੁ ਦਇਆ ਕਰਿ ਬਾੜੀ॥੩॥੭॥		Kehath Kabeer Sunahu Rae Santhahu Dhharam Dhaeiaa Kar Baarree ||3||7||	Says Kabeer, listen, O Saints: make righteousness and compassion your garden. ||3||7||	ਕਬੀਰ ਆਖਦਾ ਹੈ ਕਿ ਹੇ ਸੰਤ ਜਨੋ! ਸੁਣੋ, (ਪ੍ਰਭੂ-ਚਰਨਾਂ ਵਿਚ ਜੁੜ ਕੇ) ਧਰਮ ਤੇ ਦਇਆ ਦੀ (ਆਪਣੇ) ਮਨ ਵਿਚ ਸੋਹਣੀ ਬਗ਼ੀਚੀ ਬਣਾਓ ॥੩॥੭॥
41692	970	ਕਵਨ ਕਾਜ ਸਿਰਜੇ ਜਗ ਭੀਤਰਿ ਜਨਮਿ ਕਵਨ ਫਲੁ ਪਾਇਆ॥		Kavan Kaaj Sirajae Jag Bheethar Janam Kavan Fal Paaeiaa ||	For what purpose were you created and brought into the world? What rewards have you received in this life?	ਕਿਹੜੇ ਕੰਮਾਂ ਲਈ ਅਸੀਂ ਜਗਤ ਵਿਚ ਪੈਦਾ ਹੋਏ? ਜਨਮ ਲੈ ਕੇ ਅਸਾਂ ਕੀਹ ਖੱਟਿਆ?

41693	970	ਭਵ ਨਿਧਿ ਤਰਨ ਤਾਰਨ ਚਿੰਤਾਮਨਿ ਇਕ ਨਿਮਖ ਨ ਇਹੁ ਮਨੁ ਲਾਇਆ॥੧॥		Bhav Nidhh Tharan Thaaran Chinthaaman Eik Nimakh N Eihu Man Laaeiaa ||1||	God is the boat to carry you across the terrifying world-ocean; He is the Fulfiller of the mind's desires. You have not centered your mind on Him, even for an instant. ||1||	ਅਸਾਂ ਇਕ ਪਲ ਭਰ ਭੀ (ਉਸ ਪ੍ਰਭੂ ਦੇ ਚਰਨਾਂ ਵਿਚ) ਚਿੱਤ ਨਾਹ ਜੋੜਿਆ ਜੋ ਸੰਸਾਰ-ਸਮੁੰਦਰ ਤੋਂ ਤਾਰਨ ਲਈ ਜਹਾਜ਼ ਹੈ, ਜੋ, ਮਾਨੋ, ਮਨ-ਇੱਛਤ ਫਲ ਦੇਣ ਵਾਲਾ ਹੀਰਾ ਹੈ ॥੧॥
41694	971	ਗੋਬਿੰਦ ਹਮ ਐਸੇ ਅਪਰਾਧੀ॥		Gobindh Ham Aisae Aparaadhhee ||	O Lord of the Universe, I am such a sinner!	ਹੇ ਗੋਬਿੰਦ! ਅਸੀਂ ਜੀਵ ਅਜਿਹੇ ਵਿਕਾਰੀ ਹਾਂ,
41695	971	ਜਿਨਿ ਪ੍ਰਭਿ ਜੀਉ ਪਿੰਡੁ ਥਾ ਦੀਆ ਤਿਸ ਕੀ ਭਾਉ ਭਗਤਿ ਨਹੀ ਸਾਧੀ॥੧॥ਰਹਾਉ॥	ਸੱਾਧੀ	Jin Prabh Jeeo Pindd Thhaa Dheeaa This Kee Bhaao Bhagath Nehee Saadhhee ||1|| Rehaao ||	God gave me body and soul, but I have not practiced loving devotional worship to Him. ||1||Pause||	ਕਿ ਜਿਸ ਤੈਂ ਪ੍ਰਭੂ ਨੇ ਇਹ ਜਿੰਦ ਤੇ ਸਰੀਰ ਦਿੱਤਾ ਉਸ ਦੀ ਬੰਦਗੀ ਨਹੀਂ ਕੀਤੀ, ਉਸ ਨਾਲ ਪਿਆਰ ਨਹੀਂ ਕੀਤਾ ॥੧॥ ਰਹਾਉ ॥
41696	971	ਪਰ ਧਨ ਪਰ ਤਨ ਪਰ ਤੀ ਨਿੰਦਾ ਪਰ ਅਪਬਾਦੁ ਨ ਛੂਟੈ॥	ਪਰਾਏ (ਤਨ) ਸ੍ਰੀਰਾਂ ਨਾਲ ਖ਼ਰਾਬੀ ਕਰਨੀ। ਅਪ-ਬਾਦੁ	Par Dhhan Par Than Par Thee Nindhaa Par Apabaadh N Shhoottai ||	Others' wealth, others' bodies, others' wives, others' slander and others' fights - I have not given them up.	(ਹੇ ਗੋਬਿੰਦ!) ਪਰਾਏ ਧਨ (ਦੀ ਲਾਲਸਾ), ਪਰਾਈ ਇਸਤ੍ਰੀ (ਦੀ ਕਾਮਨਾ), ਪਰਾਈ ਚੁਗ਼ਲੀ, ਦੂਜਿਆਂ ਨਾਲ ਵਿਰੋਧ-ਇਹ ਵਿਕਾਰ ਦੂਰ ਨਹੀਂ ਹੁੰਦੇ।

41697	971	ਆਵਾ ਗਵਨੁ ਹੋਤੁ ਹੈ ਫੁਨਿ ਫੁਨਿ ਇਹੁ ਪਰਸੰਗੁ ਨ ਤੂਟੈ॥੨॥	ਆਵਾ ਗਵਨੁ ਦਾ (ਪਰਸੰਗੁ) ਸਬੰਧ	Aavaa Gavan Hoth Hai Fun Fun Eihu Parasang N Thoottai ||2||	For the sake of these, coming and going in reincarnation happens over and over again, and this story never ends. ||2||	ਮੁੜ ਮੁੜ ਜਨਮ ਮਰਨ ਦਾ ਗੇੜ (ਸਾਨੂੰ) ਮਿਲ ਰਿਹਾ ਹੈ- ਫਿਰ ਭੀ ਪਰ ਮਨ, ਪਰ ਤਨ ਆਦਿਕ ਦਾ ਇਹ ਲੰਮਾ ਝੇੜਾ ਮੁੱਕਦਾ ਨਹੀਂ ॥੨॥
41698	971	ਜਿਹ ਘਰਿ ਕਥਾ ਹੋਤ ਹਰਿ ਸੰਤਨ ਇਕ ਨਿਮਖ ਨ ਕੀਨ੍ਹੋ ਮੈ ਫੇਰਾ॥		Jih Ghar Kathhaa Hoth Har Santhan Eik Nimakh N Keenho Mai Faeraa ||	That house, in which the Saints speak of the Lord - I have not visited it, even for an instant.	ਜਿਨ੍ਹੀਂ ਥਾਈਂ ਪ੍ਰਭੂ ਦੇ ਭਗਤ ਰਲ ਕੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦੇ ਹਨ, ਉੱਥੇ ਮੈਂ ਇਕ ਪਲਕ ਲਈ ਭੀ ਫੇਰਾ ਨਹੀਂ ਮਾਰਦਾ।
41699	971	ਲੰਪਟ ਚੋਰ ਦੂਤ ਮਤਵਾਰੇ ਤਿਨ ਸੰਗਿ ਸਦਾ ਬਸੇਰਾ॥੩॥	ਮੱਤਵਾਰੇ	Lanpatt Chor Dhooth Mathavaarae Thin Sang Sadhaa Basaeraa ||3||	Drunkards, thieves, and evil-doers - I constantly dwell with them. ||3||	ਪਰ ਵਿਸ਼ਈ, ਚੋਰ, ਬਦਮਾਸ਼, ਸ਼ਰਾਬੀ-ਇਹਨਾਂ ਨਾਲ ਮੇਰਾ ਸਾਥ ਰਹਿੰਦਾ ਹੈ ॥੩॥
41700	971	ਕਾਮ ਕ੍ਰੋਧ ਮਾਇਆ ਮਦ ਮਤਸਰ ਏ ਸੰਪੈ ਮੋ ਮਾਹੀ॥		Kaam Krodhh Maaeiaa Madh Mathasar Eae Sanpai Mo Maahee ||	Sexual desire, anger, the wine of Maya, and envy - these are what I collect within myself.	ਕਾਮ, ਕ੍ਰੋਧ, ਮਾਇਆ ਦਾ ਮੋਹ, ਹੰਕਾਰ, ਈਰਖਾ-ਮੇਰੇ ਪੱਲੇ, ਬੱਸ! ਇਹੀ ਧਨ ਹੈ।

41701	971	ਦਇਆ ਧਰਮੁ ਅਰੁ ਗੁਰ ਕੀ ਸੇਵਾ ਏ ਸੁਪਨੰਤਰਿ ਨਾਹੀ॥੪॥		Dhaeiaa Dhharam Ar Gur Kee Saevaa Eae Supananthar Naahee ||4||	Compassion, righteousness, and service to the Guru - these do not visit me, even in my dreams. ||4||	ਦਇਆ, ਧਰਮ, ਸਤਿਗੁਰੂ ਦੀ ਸੇਵਾ-ਮੈਨੂੰ ਇਹਨਾਂ ਦਾ ਖ਼ਿਆਲ ਕਦੇ ਸੁਪਨੇ ਵਿਚ ਭੀ ਨਹੀਂ ਆਇਆ ॥੪॥
41702	971	ਦੀਨ ਦਇਆਲ ਕ੍ਰਿਪਾਲ ਦਮੋਦਰ ਭਗਤਿ ਬਛਲ ਭੈ ਹਾਰੀ॥		Dheen Dhaeiaal Kirapaal Dhamodhar Bhagath Bashhal Bhai Haaree ||	He is merciful to the meek, compassionate and benevolent, the Lover of His devotees, the Destroyer of fear.	ਹੇ ਦੀਨਾਂ ਤੇ ਦਇਆ ਕਰਨ ਵਾਲੇ! ਹੇ ਕ੍ਰਿਪਾਲ! ਹੇ ਦਮੋਦਰ! ਹੇ ਭਗਤੀ ਨਾਲ ਪਿਆਰ ਕਰਨ ਵਾਲੇ! ਹੇ ਭੈ-ਹਰਨ!
41703	971	ਕਹਤ ਕਬੀਰ ਭੀਰ ਜਨ ਰਾਖਹੁ ਹਰਿ ਸੇਵਾ ਕਰਉ ਤੁਮ੍ਹਾਰੀ॥੫॥੮॥		Kehath Kabeer Bheer Jan Raakhahu Har Saevaa Karo Thumhaaree ||5||8||	Says Kabeer, please protect Your humble servant from disaster; O Lord, I serve only You. ||5||8||	ਕਬੀਰ ਆਖਦਾ ਹੈ- ਮੈਨੂੰ ਦਾਸ ਨੂੰ (ਵਿਕਾਰਾਂ ਦੀ) ਬਿਪਤਾ ਵਿਚੋਂ ਬਚਾ ਲੈ, ਮੈਂ (ਨਿੱਤ) ਤੇਰੀ ਹੀ ਬੰਦਗੀ ਕਰਾਂ ॥੫॥੮॥
41704	971	ਜਿਹ ਸਿਮਰਨਿ ਹੋਇ ਮੁਕਤਿ ਦੁਆਰੁ॥		Jih Simaran Hoe Mukath Dhuaar ||	Remembering Him in meditation, the door of liberation is found.	ਜਿਸ ਸਿਮਰਨ ਦੀ ਬਰਕਤਿ ਨਾਲ ਮੁਕਤੀ ਦਾ ਦਰ ਦਿੱਸ ਪੈਂਦਾ ਹੈ,
41705	971	ਜਾਹਿ ਬੈਕੁੰਠਿ ਨਹੀ ਸੰਸਾਰਿ॥		Jaahi Baikunth Nehee Sansaar ||	You shall go to heaven, and not return to this earth.	(ਉਸ ਰਸਤੇ) ਤੂੰ ਪ੍ਰਭੂ ਦੇ ਚਰਨਾਂ ਵਿਚ ਜਾ ਅੱਪੜੇਂਗਾ, ਸੰਸਾਰ (-ਸਮੁੰਦਰ) ਵਿਚ ਨਹੀਂ (ਭਟਕੇਂਗਾ)।

41706	971	ਨਿਰਭਉ ਕੈ ਘਰਿ ਬਜਾਵਹਿ ਤੂਰ॥		Nirabho Kai Ghar Bajaavehi Thoor ||	In the home of the Fearless Lord, the celestial trumpets resound.	ਜਿਸ ਅਵਸਥਾ ਵਿਚ ਕੋਈ ਡਰ ਨਹੀਂ ਪੋਂਹਦਾ, ਉਸ ਵਿਚ ਪਹੁੰਚ ਕੇ ਤੂੰ (ਆਤਮਕ ਅਨੰਦ ਦੇ, ਮਾਨੋ) ਵਾਜੇ ਵਜਾਏਂਗਾ,
41707	971	ਅਨਹਦ ਬਜਹਿ ਸਦਾ ਭਰਪੂਰ॥੧॥		Anehadh Bajehi Sadhaa Bharapoor ||1||	The unstruck sound current will vibrate and resonate forever. ||1||	ਉਹ ਵਾਜੇ (ਤੇਰੇ ਅੰਦਰ) ਸਦਾ ਇੱਕ-ਰਸ ਵੱਜਣਗੇ, (ਉਸ ਅਨੰਦ ਵਿਚ) ਕੋਈ ਊਣਤਾ ਨਹੀਂ ਆਵੇਗੀ ॥੧॥
41708	971	ਐਸਾ ਸਿਮਰਨੁ ਕਰਿ ਮਨ ਮਾਹਿ॥		Aisaa Simaran Kar Man Maahi ||	Practice such meditative remembrance in your mind.	ਹੇ ਭਾਈ! ਤੂੰ ਆਪਣੇ ਮਨ ਵਿਚ ਅਜਿਹਾ (ਬਲ ਰੱਖਣ ਵਾਲਾ) ਸਿਮਰਨ ਕਰ।
41709	971	ਬਿਨੁ ਸਿਮਰਨ ਮੁਕਤਿ ਕਤ ਨਾਹਿ ॥੧॥ਰਹਾਉ॥		Bin Simaran Mukath Kath Naahi ||1|| Rehaao ||	Without this meditative remembrance, liberation will never be found. ||1||Pause||	ਪ੍ਰਭੂ ਦਾ ਸਿਮਰਨ ਕਰਨ ਤੋਂ ਬਿਨਾ ਕਿਸੇ ਭੀ ਹੋਰ ਤਰੀਕੇ ਨਾਲ (ਮਾਇਆ ਦੇ ਬੰਧਨਾਂ) ਤੋਂ ਖ਼ਲਾਸੀ ਨਹੀਂ ਮਿਲਦੀ ॥੧॥ ਰਹਾਉ ॥
41710	971	ਜਿਹ ਸਿਮਰਨਿ ਨਾਹੀ ਨਨਕਾਰੁ॥	(ਨਨਕਾਰੁ) ਰੁਕਾਵਟ	Jih Simaran Naahee Nanakaar ||	Remembering Him in meditation, you will meet with no obstruction.	ਜਿਸ ਸਿਮਰਨ ਨਾਲ (ਵਿਕਾਰ ਤੇਰੇ ਰਾਹ ਵਿਚ) ਰੁਕਾਵਟ ਨਹੀਂ ਪਾ ਸਕਣਗੇ,
41711	971	ਮੁਕਤਿ ਕਰੈ ਉਤਰੈ ਬਹੁ ਭਾਰੁ॥		Mukath Karai Outharai Bahu Bhaar ||	You will be liberated, and the great load will be taken away.	ਉਹ ਸਿਮਰਨ (ਮਾਇਆ ਦੇ ਬੰਧਨਾਂ ਤੋਂ) ਅਜ਼ਾਦ ਕਰ ਦੇਂਦਾ ਹੈ, (ਵਿਕਾਰਾਂ ਦਾ) ਬੋਝ (ਮਨ ਤੋਂ) ਉਤਰ ਜਾਂਦਾ ਹੈ।

41712	971	ਨਮਸਕਾਰੁ ਕਰਿ ਹਿਰਦੈ ਮਾਹਿ॥		Namasakaar Kar Hiradhai Maahi ||	Bow in humility within your heart,	ਪ੍ਰਭੂ ਨੂੰ ਸਦਾ ਸਿਰ ਨਿਵਾ,
41713	971	ਫਿਰਿ ਫਿਰਿ ਤੇਰਾ ਆਵਨੁ ਨਾਹਿ॥੨॥		Fir Fir Thaeraa Aavan Naahi ||2||	And you will not have to be reincarnated over and over again. ||2||	ਤਾਂ ਜੁ ਮੁੜ ਮੁੜ ਤੈਨੂੰ (ਜਗਤ ਵਿਚ) ਆਉਣਾ ਨਾਹ ਪਏ ॥੨॥
41714	971	ਜਿਹ ਸਿਮਰਨਿ ਕਰਹਿ ਤੂ ਕੇਲ॥		Jih Simaran Karehi Thoo Kael ||	Remember Him in meditation, celebrate and be happy.	ਜਿਸ ਸਿਮਰਨ ਦੀ ਰਾਹੀਂ ਤੂੰ ਅਨੰਦ ਲੈ ਰਿਹਾ ਹੈਂ (ਭਾਵ, ਚਿੰਤਾ ਆਦਿਕ ਤੋਂ ਬਚਿਆ ਰਹਿੰਦਾ ਹੈਂ),
41715	971	ਦੀਪਕੁ ਬਾਂਧਿ ਧਰਿਓ ਬਿਨੁ ਤੇਲ॥		Dheepak Baandhh Dhhariou Bin Thael ||	God has placed His lamp deep within you, which burns without any oil.	ਤੇਰੇ ਅੰਦਰ ਸਦਾ (ਗਿਆਨ ਦਾ) ਦੀਵਾ ਜਗਦਾ ਰਹਿੰਦਾ ਹੈਂ, (ਵਿਕਾਰਾਂ ਦੇ) ਤੇਲ (ਵਾਲਾ ਦੀਵਾ) ਨਹੀਂ ਰਹਿੰਦਾ,
41716	971	ਸੋ ਦੀਪਕੁ ਅਮਰਕੁ ਸੰਸਾਰਿ॥	ਅਮਰਕੁ: ਪੋਲਾ ਬੋਲੋ	So Dheepak Amarak Sansaar ||	That lamp makes the world immortal;	ਉਹ ਦੀਵਾ (ਜਿਸ ਮਨੁੱਖ ਦੇ ਅੰਦਰ ਜਗ ਪਏ ਉਸ ਨੂੰ) ਸੰਸਾਰ ਵਿਚ ਅਮਰ ਕਰ ਦੇਂਦਾ ਹੈ,
41717	971	ਕਾਮ ਕ੍ਰੋਧ ਬਿਖੁ ਕਾਢੀਲੇ ਮਾਰਿ॥੩॥		Kaam Krodhh Bikh Kaadteelae Maar ||3||	It conquers and drives out the poisons of sexual desire and anger. ||3||	ਕਾਮ ਕ੍ਰੋਧ ਆਦਿਕ ਦੀ ਜ਼ਹਿਰ ਨੂੰ (ਅੰਦਰੋਂ) ਮਾਰ ਕੇ ਕੱਢ ਦੇਂਦਾ ਹੈ ॥੩॥
41718	971	ਜਿਹ ਸਿਮਰਨਿ ਤੇਰੀ ਗਤਿ ਹੋਇ॥		Jih Simaran Thaeree Gath Hoe ||	Remembering Him in meditation, you shall obtain salvation.	ਜਿਸ ਸਿਮਰਨ ਦੀ ਬਰਕਤਿ ਨਾਲ ਤੇਰੀ ਉੱਚੀ ਆਤਮਕ ਅਵਸਥਾ ਬਣਦੀ ਹੈ,

41719	971	ਸੋ ਸਿਮਰਨੁ ਰਖੁ ਕੰਠਿ ਪਰੋਇ॥		So Simaran Rakh Kanth Paroe ||	Wear that meditative remembrance as your necklace.	ਤੂੰ ਉਸ ਸਿਮਰਨ (ਰੂਪ ਹਾਰ) ਨੂੰ ਪ੍ਰੋ ਕੇ ਸਦਾ ਗਲ ਵਿਚ ਪਾਈ ਰੱਖ।
41720	971	ਸੋ ਸਿਮਰਨੁ ਕਰਿ ਨਹੀ ਰਾਖੁ ਉਤਾਰਿ॥		So Simaran Kar Nehee Raakh Outhaar ||	Practice that meditative remembrance, and never let it go.	(ਕਦੇ ਭੀ ਗਲੋਂ) ਲਾਹ ਕੇ ਨਾਹ ਰੱਖੀਂ, ਸਦਾ ਸਿਮਰਨ ਕਰ।
41721	971	ਗੁਰ ਪਰਸਾਦੀ ਉਤਰਹਿ ਪਾਰਿ॥੪॥	ਉੱਤਰ-ਹਿ	Gur Parasaadhee Outharehi Paar ||4||	By Guru's Grace, you shall cross over. ||4||	ਗੁਰੂ ਦੀ ਮਿਹਰ ਨਾਲ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਏਂਗਾ ॥੪॥
41722	971	ਜਿਹ ਸਿਮਰਨਿ ਨਾਹੀ ਤੁਹਿ ਕਾਨਿ॥		Jih Simaran Naahee Thuhi Kaan ||	Remembering Him in meditation, you shall not be obligated to others.	ਜਿਸ ਸਿਮਰਨ ਨਾਲ ਤੈਨੂੰ ਕਿਸੇ ਦੀ ਮੁਥਾਜੀ ਨਹੀਂ ਰਹਿੰਦੀ।
41723	971	ਮੰਦਰਿ ਸੋਵਹਿ ਪਟੰਬਰ ਤਾਨਿ॥		Mandhar Sovehi Pattanbar Thaan ||	You shall sleep in your mansion, in blankets of silk.	ਆਪਣੇ ਘਰ ਵਿਚ ਬੇ-ਫ਼ਿਕਰ ਹੋ ਕੇ ਸੌਂਦਾ ਹੈਂ,
41724	971	ਸੇਜ ਸੁਖਾਲੀ ਬਿਗਸੈ ਜੀਉ॥		Saej Sukhaalee Bigasai Jeeo ||	Your soul shall blossom forth in happiness, on this comfortable bed.	ਹਿਰਦੇ ਵਿਚ ਸੁਖ ਹੈ, ਜਿੰਦ ਖਿੜੀ ਰਹਿੰਦੀ ਹੈ,
41725	971	ਸੋ ਸਿਮਰਨੁ ਤੂ ਅਨ ਦਿਨੁ ਪੀਉ॥੫॥		So Simaran Thoo Anadhin Peeo ||5||	So drink in this meditative remembrance, night and day. ||5||	ਐਸਾ ਸਿਮਰਨ-ਰੂਪ ਅੰਮ੍ਰਿਤ ਹਰ ਵੇਲੇ ਪੀਂਦਾ ਰਹੁ ॥੫॥

41726	971	ਜਿਹ ਸਿਮਰਨਿ ਤੇਰੀ ਜਾਇ ਬਲਾਇ॥		Jih Simaran Thaeree Jaae Balaae ||	Remembering Him in meditation, your troubles will depart.	ਜਿਸ ਸਿਮਰਨ ਕਰਕੇ ਤੇਰਾ ਆਤਮਕ ਰੋਗ ਕੱਟਿਆ ਜਾਂਦਾ ਹੈ,
41727	971	ਜਿਹ ਸਿਮਰਨਿ ਤੁਝੁ ਪੋਹੈ ਨ ਮਾਇ॥		Jih Simaran Thujh Pohai N Maae ||	Remembering Him in meditation, Maya will not bother you.	ਜਿਸ ਸਿਮਰਨ ਕਰਕੇ ਤੈਨੂੰ ਮਾਇਆ ਨਹੀਂ ਪੋਹਦੀ,
41728	971	ਸਿਮਰਿ ਸਿਮਰਿ ਹਰਿ ਹਰਿ ਮਨਿ ਗਾਈਐ॥		Simar Simar Har Har Man Gaaeeai ||	Meditate, meditate in remembrance on the Lord, Har, Har, and sing His Praises in your mind.	ਸਦਾ ਇਹ ਸਿਮਰਨ ਕਰ, ਆਪਣੇ ਮਨ ਵਿਚ ਹਰੀ ਦੀ ਸਿਫ਼ਤ-ਸਾਲਾਹ ਕਰ।
41729	971	ਇਹੁ ਸਿਮਰਨੁ ਸਤਿਗੁਰ ਤੇ ਪਾਈਐ॥੬॥		Eihu Simaran Sathigur Thae Paaeeai ||6||	This meditative remembrance is obtained from the True Guru. ||6||	(ਪਰ, ਗੁਰੂ ਦੀ ਸ਼ਰਨ ਪਉ), ਇਹ ਸਿਮਰਨ ਗੁਰੂ ਤੋਂ ਹੀ ਮਿਲਦਾ ਹੈ ॥੬॥
41730	971	ਸਦਾ ਸਦਾ ਸਿਮਰਿ ਦਿਨੁ ਰਾਤਿ॥		Sadhaa Sadhaa Simar Dhin Raath ||	Forever and ever, remember Him, day and night,	ਸਦਾ ਦਿਨ ਰਾਤ, ਹਰ ਵੇਲੇ ਸਿਮਰਨ ਕਰ।
41731	971	ਊਠਤ ਬੈਠਤ ਸਾਸਿ ਗਿਰਾਸਿ॥		Oothath Baithath Saas Giraas ||	While standing up and sitting down, with every breath and morsel of food.	ਉੱਠਦਿਆਂ ਬੈਠਦਿਆਂ, ਖਾਂਦਿਆਂ, ਸਾਹ ਲੈਂਦਿਆਂ-

41732	971	ਜਾਗੁ ਸੋਇ ਸਿਮਰਨ ਰਸ ਭੋਗ॥		Jaag Soe Simaran Ras Bhog ||	While awake and asleep, enjoy the essence of this meditative remembrance.	ਜਾਗਦਿਆਂ, ਸੁੱਤਿਆਂ ਸਿਮਰਨ ਦਾ ਰਸ ਲੈ।
41733	971	ਹਰਿ ਸਿਮਰਨੁ ਪਾਈਐ ਸੰਜੋਗ॥੭॥		Har Simaran Paaeeai Sanjog ||7||	The Lord's meditative remembrance is obtained by good destiny. ||7||	(ਪਰ) ਪ੍ਰਭੂ ਦਾ ਸਿਮਰਨ ਭਾਗਾਂ ਨਾਲ ਮਿਲਦਾ ਹੈ ॥੭॥
41734	971	ਜਿਹ ਸਿਮਰਨਿ ਨਾਹੀ ਤੁਝੁ ਭਾਰ॥		Jih Simaran Naahee Thujh Bhaar ||	Remembering Him in meditation, you shall not be loaded down.	ਜਿਸ ਸਿਮਰਨ ਨਾਲ ਤੇਰੇ ਉੱਤੋਂ (ਵਿਕਾਰਾਂ ਦਾ) ਬੋਝ ਲਹਿ ਜਾਇਗਾ,
41735	971	ਸੋ ਸਿਮਰਨੁ ਰਾਮ ਨਾਮ ਅਧਾਰੁ॥		So Simaran Raam Naam Adhhaar ||	Make this meditative remembrance of the Lord's Name your Support.	ਪ੍ਰਭੂ ਦੇ ਨਾਮ ਦੇ ਉਸ ਸਿਮਰਨ ਨੂੰ (ਆਪਣੀ ਜਿੰਦ ਦਾ) ਆਸਰਾ ਬਣਾ।
41736	971	ਕਹਿ ਕਬੀਰ ਜਾ ਕਾ ਨਹੀ ਅੰਤੁ॥		Kehi Kabeer Jaa Kaa Nehee Anth ||	Says Kabeer, He has no limits;	ਕਬੀਰ ਆਖਦਾ ਹੈ ਕਿ ਉਸ ਪ੍ਰਭੂ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ,
41737	971	ਤਿਸ ਕੇ ਆਗੇ ਤੰਤੁ ਨ ਮੰਤੁ॥੮॥੯॥		This Kae Aagae Thanth N Manth ||8||9||	No tantras or mantras can be used against Him. ||8||9||	(ਉਸ ਦੀ ਯਾਦ ਤੋਂ ਬਿਨਾ) ਕੋਈ ਹੋਰ ਮੰਤਰ, ਕੋਈ ਹੋਰ ਟੂਣਾ ਉਸ ਦੇ ਸਾਹਮਣੇ ਨਹੀਂ ਚੱਲ ਸਕਦਾ (ਹੋਰ ਕਿਸੇ ਤਰੀਕੇ ਨਾਲ ਉਸ ਨੂੰ ਮਿਲ ਨਹੀਂ ਸਕਦਾ) ॥੮॥੯॥

41738	971	ਰਾਮਕਲੀ ਘਰੁ ੨ ਬਾਣੀ ਕਬੀਰ ਜੀ ਕੀ		Raamakalee Ghar 2 Baanee Kabeer Jee Kee	Raamkalee, Second House, The Word Of Kabeer Jee:	ਰਾਗ ਰਾਮਕਲੀ, ਘਰ ੨ ਵਿੱਚ ਭਗਤ ਕਬੀਰ ਜੀ ਦੀ ਬਾਣੀ।
41739	971	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
41740	971	ਬੰਧਚਿ ਬੰਧਨੁ ਪਾਇਆ॥		Bandhhach Bandhhan Paaeiaa ||	Maya, the Trapper, has sprung her trap.	(ਮਾਇਆ ਤੋਂ) ਮੁਕਤ ਗੁਰੂ ਨੇ ਮਾਇਆ ਨੂੰ ਰੋਕ ਪਾ ਦਿੱਤੀ ਹੈ,
41741	971	ਮੁਕਤੈ ਗੁਰਿ ਅਨਲੁ ਬੁਝਾਇਆ॥	(ਅਨਲੁ) ਅੱਗ। ਅਨਲੁ, ਬੁਝਾਇਆ: ਪੋਲੇ ਬੋਲੋ	Mukathai Gur Anal Bujhaaeiaa ||	The Guru, the Liberated One, has put out the fire.	ਮੇਰੀ ਤ੍ਰਿਸ਼ਨਾ ਦੀ ਅੱਗ ਬੁਝਾ ਦਿੱਤੀ ਹੈ।
41742	972	ਜਬ ਨਖ ਸਿਖ ਇਹੁ ਮਨੁ ਚੀਨ੍ਹਾ॥	ਨਖ ਸਿਖ: ਪੋਲੇ ਬੋਲੋ	Jab Nakh Sikh Eihu Man Cheenhaa ||	When I came to understand this mind, from the tips of my toes to the crown of my head,	ਹੁਣ ਜਦੋਂ ਆਪਣੇ ਇਸ ਮਨ ਨੂੰ ਚੰਗੀ ਤਰ੍ਹਾਂ ਵੇਖਦਾ ਹਾਂ,
41743	972	ਤਬ ਅੰਤਰਿ ਮਜਨੁ ਕੀਨ੍ਹਾ॥੧॥	ਮੱਜਨੁ	Thab Anthar Majan Keenhaa ||1||	Then I took my cleansing bath, deep within my self. ||1||	ਤਾਂ ਆਪਣੇ ਅੰਦਰ ਹੀ ਇਸ਼ਨਾਨ ਕਰਦਾ ਹਾਂ ॥੧॥
41744	972	ਪਵਨਪਤਿ ਉਨਮਨਿ ਰਹਨੁ ਖਰਾ॥	(ਪਵਨਪਤਿ) ਜੀਵ। (ਉਨਮਨਿ) ਵਿਆਪਕ ਬ੍ਰਹਮਜੀ	Pavanapath Ounaman Rehan Kharaa ||	The mind, the master of the breath, abides in the state of supreme bliss.	ਜੀਵਾਤਮਾ ਦਾ ਪੂਰਨ ਖਿੜਾਉ ਵਿਚ ਟਿਕੇ ਰਹਿਣਾ ਹੀ ਆਤਮਾ ਦੀ ਸਭ ਤੋਂ ਸ੍ਰੇਸ਼ਟ ਅਵਸਥਾ ਹੈ।

41745	972	ਨਹੀ ਮਿਰਤੁ ਨ ਜਨਮੁ ਜਰਾ॥੧॥ਰਹਾਉ॥		Nehee Mirath N Janam Jaraa ||1|| Rehaao ||	There is no death, no re-birth, and no aging for me now. ||1||Pause||	ਇਸ ਅਵਸਥਾ ਨੂੰ ਜਨਮ ਮਰਨ ਤੇ ਬੁਢੇਪਾ ਪੋਹ ਨਹੀਂ ਸਕਦੇ ॥੧॥ ਰਹਾਉ ॥
41746	972	ਉਲਟੀਲੇ ਸਕਤਿ ਸਹਾਰੰ॥	ਉਲਟੀ-ਲੇ	Oulattee Lae Sakath Sehaaran ||	Turning away from materialism, I have found intuitive support.	ਮਾਇਆ ਵਾਲਾ ਸਹਾਰਾ ਹੁਣ ਉਲਟ ਗਿਆ ਹੈ,
41747	972	ਪੈਸੀਲੇ ਗਗਨ ਮਝਾਰੰ॥	ਪੈਸੀ-ਲੇ ਪ੍ਰਵੇਸ਼ ਹੋਇਆ, ਇਸਥਿੱਤੀ ਹੋਈ	Paiseelae Gagan Majhaaran ||	I have entered into the sky of the mind, and opened the Tenth Gate.	(ਮਾਇਆ ਦੇ ਥਾਂ ਮੇਰਾ ਮਨ ਹੁਣ) ਪ੍ਰਭੂ-ਚਰਨਾਂ ਵਿਚ ਚੁੱਭੀ ਲਾ ਰਿਹਾ ਹੈ।
41748	972	ਬੇਧੀਅਲੇ ਚਕ੍ਰ ਭੁਅੰਗਾ॥	ਚੱਕ੍ਰ	Baedhheealae Chakr Bhuangaa ||	The chakras of the coiled Kundalini energy have been opened,	ਟੇਢੀਆਂ ਚਾਲਾਂ ਚੱਲਣ ਵਾਲਾ ਇਹ ਮਨ ਹੁਣ ਵਿੱਝ ਗਿਆ ਹੈ,
41749	972	ਭੇਟੀਅਲੇ ਰਾਇ ਨਿਸੰਗਾ॥੨॥		Bhaetteealae Raae Nisangaa ||2||	And I have met my Sovereign Lord King without fear. ||2||	ਕਿਉਂਕਿ ਨਿਸੰਗ ਹੋ ਕੇ ਹੁਣ ਇਹ ਪ੍ਰਭੂ ਨੂੰ ਮਿਲ ਪਿਆ ਹੈ ॥੨॥
41750	972	ਚੂਕੀਅਲੇ ਮੋਹ ਮਇ ਆਸਾ॥	(ਮਇ) ਮਾਇਆ। ਚੂਕੀ-ਅਲੇ	Chookeealae Moh Maeiaasaa ||	My attachment to Maya has been eradicated;	ਮੇਰੀਆਂ ਮੋਹ-ਭਰੀਆਂ ਆਸਾਂ ਹੁਣ ਮੁੱਕ ਗਈਆਂ ਹਨ;
41751	972	ਸਸਿ ਕੀਨੋ ਸੂਰ ਗਿਰਾਸਾ॥	ਸਸਿ: ਪੋਲਾ ਬੋਲੋ	Sas Keeno Soor Giraasaa ||	The moon energy has devoured the sun energy.	(ਮੇਰੇ ਅੰਦਰ ਦੀ) ਸ਼ਾਂਤੀ ਨੇ ਮੇਰੀ ਤਪਸ਼ ਬੁਝਾ ਦਿੱਤੀ ਹੈ।
41752	972	ਜਬ ਕੁੰਭਕੁ ਭਰਿਪੁਰਿ ਲੀਣਾ॥		Jab Kunbhak Bharipur Leenaa ||	When I was focused and merged into the all-pervading Lord,	ਹੁਣ ਜਦੋਂ ਕਿ ਮਨ ਦੀ ਬਿਰਤੀ ਸਰਬ-ਵਿਆਪਕ ਪ੍ਰਭੂ ਵਿਚ ਜੁੜ ਗਈ ਹੈ,

41753	972	ਤਹ ਬਾਜੇ ਅਨਹਦ ਬੀਣਾ॥੩॥		Theh Baajae Anehadh Beenaa ||3||	Then the unstruck sound current began to vibrate. ||3||	ਇਸ ਅਵਸਥਾ ਵਿਚ (ਮੇਰੇ ਅੰਦਰ, ਮਾਨੋ) ਇੱਕ-ਰਸ ਵੀਣਾ ਵੱਜ ਰਹੀ ਹੈ ॥੩॥
41754	972	ਬਕਤੈ ਬਕਿ ਸਬਦੁ ਸੁਨਾਇਆ॥	ਬਕਿ: ਪੋਲਾ ਬੋਲੋ	Bakathai Bak Sabadh Sunaaeiaa ||	The Speaker has spoken, and proclaimed the Word of the Shabad.	ਉਪਦੇਸ਼ ਕਰਨ ਵਾਲੇ ਸਤਿਗੁਰੂ ਨੇ ਜਿਸ ਨੂੰ ਆਪਣਾ ਸ਼ਬਦ ਸੁਣਾਇਆ,
41755	972	ਸੁਨਤੈ ਸੁਨਿ ਮੰਨਿ ਬਸਾਇਆ॥		Sunathai Sun Mann Basaaeiaa ||	The hearer has heard, and enshrined it in the mind.	ਜੇ ਉਸ ਨੇ ਗਹੁ ਨਾਲ ਸੁਣ ਕੇ ਆਪਣੇ ਮਨ ਵਿਚ ਵਸਾ ਲਿਆ,
41756	972	ਕਰਿ ਕਰਤਾ ਉਤਰਸਿ ਪਾਰੰ॥		Kar Karathaa Outharas Paaran ||	Chanting to the Creator, one crosses over.	ਤਦੋਂ ਪ੍ਰਭੂ ਦਾ ਸਿਮਰਨ ਕਰ ਕੇ ਉਹ ਪਾਰ ਲੰਘ ਗਿਆ।
41757	972	ਕਹੈ ਕਬੀਰਾ ਸਾਰੰ॥੪॥੧॥੧੦॥		Kehai Kabeeraa Saaran ||4||1||10||	Says Kabeer, this is the essence. ||4||1||10||	ਕਬੀਰ ਆਖਦਾ ਹੈ (ਕਿ ਇਸ ਸਾਰੀ ਤਬਦੀਲੀ ਵਿਚ ਇਹ ਹੈ) ਅਸਲ ਰਾਜ਼ ਦੀ ਗੱਲ ॥੪॥੧॥੧੦॥
41758	972	ਚੰਦੁ ਸੂਰਜੁ ਦੁਇ ਜੋਤਿ ਸਰੂਪੁ॥		Chandh Sooraj Dhue Joth Saroop ||	The moon and the sun are both the embodiment of light.	ਇਹ ਚੰਦ ਤੇ ਸੂਰਜ ਦੋਵੇਂ ਉਸ ਪਰਮਾਤਮਾ ਦੀ ਜੋਤ ਦਾ (ਬਾਹਰਲਾ ਦਿੱਸਦਾ) ਸਰੂਪ ਹਨ,
41759	972	ਜੋਤੀ ਅੰਤਰਿ ਬ੍ਰਹਮੁ ਅਨੂਪੁ॥੧॥		Jothee Anthar Breham Anoop ||1||	Within their light, is God, the incomparable. ||1||	ਹਰੇਕ ਪ੍ਰਕਾਸ਼ ਵਿਚ ਸੁੰਦਰ ਪ੍ਰਭੂ ਆਪ ਵੱਸ ਰਿਹਾ ਹੈ ॥੧॥

41760	972	ਕਰੁ ਰੇ ਗਿਆਨੀ ਬ੍ਰਹਮ ਬੀਚਾਰੁ॥		Kar Rae Giaanee Breham Beechaar ||	O spiritual teacher, contemplate God.	ਹੇ ਵਿਚਾਰਵਾਨ ਮਨੁੱਖ! (ਤੂੰ ਤਾਂ ਚੰਦ ਸੂਰਜ ਆਦਿਕ ਨੂਰੀ ਚੀਜ਼ਾਂ ਵੇਖ ਕੇ ਨਿਰਾ ਇਹਨਾਂ ਨੂੰ ਹੀ ਸਲਾਹ ਰਿਹਾ ਹੈਂ, ਇਹਨਾਂ ਨੂੰ ਨੂਰ ਦੇਣ ਵਾਲੇ) ਪਰਮਾਤਮਾ (ਦੀ ਵਡਿਆਈ) ਦੀ ਵਿਚਾਰ ਕਰ,
41761	972	ਜੋਤੀ ਅੰਤਰਿ ਧਰਿਆ ਪਸਾਰੁ॥੧॥ਰਹਾਉ॥		Jothee Anthar Dhhariaa Pasaar ||1|| Rehaao ||	In this light is contained the expanse of the created universe. ||1||Pause||	ਉਸ ਨੇ ਇਹ ਸਾਰਾ ਸੰਸਾਰ ਆਪਣੇ ਨੂਰ ਵਿਚੋਂ ਪੈਦਾ ਕੀਤਾ ਹੈ ॥੧॥ ਰਹਾਉ ॥
41762	972	ਹੀਰਾ ਦੇਖਿ ਹੀਰੇ ਕਰਉ ਆਦੇਸੁ॥		Heeraa Dhaekh Heerae Karo Aadhaes ||	Gazing upon the diamond, I humbly salute this diamond.	ਕਬੀਰ ਆਖਦਾ ਹੈ ਕਿ ਮੈਂ ਹੀਰੇ (ਆਦਿਕ ਸੁਹਣੇ ਕੀਮਤੀ ਚਮਕਦੇ ਪਦਾਰਥ) ਨੂੰ ਵੇਖ ਕੇ (ਉਸ) ਹੀਰੇ ਨੂੰ ਸਿਰ ਨਿਵਾਉਂਦਾ ਹਾਂ (ਜਿਸ ਨੇ ਇਹਨਾਂ ਨੂੰ ਇਹ ਗੁਣ ਬਖ਼ਸ਼ਿਆ ਹੈ, ਤੇ ਜੋ ਇਹਨਾਂ ਵਿਚ ਵੱਸਦਾ ਹੋਇਆ ਭੀ)
41763	972	ਕਹੈ ਕਬੀਰੁ ਨਿਰੰਜਨ ਅਲੇਖੁ॥੨॥੨॥੧੧॥		Kehai Kabeer Niranjan Alaekh ||2||2||11||	Says Kabeer, the Immaculate Lord is indescribable. ||2||2||11||	ਮਾਇਆ ਦੇ ਪ੍ਰਭਾਵ ਤੋਂ ਰਹਿਤ ਹੈ, ਤੇ ਜਿਸ ਦੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ ॥੨॥੨॥੧੧॥

41764	972	ਦੁਨੀਆ ਹੁਸੀਆਰ ਬੇਦਾਰ ਜਾਗਤ ਮੁਸੀਅਤ ਹਉ ਰੇ ਭਾਈ॥	(ਬੇਦਾਰ) ਖ਼ਬਰਦਾਰ। (ਮੁੱਸੀਅਤ) ਲੁੱਟੀਦੇ ਜਾ ਰਹੇ (ਹਉ) ਹੋਂ। ਹੁਸੀ-ਆਰ	Dhuneeaa Huseeaar Baedhaar Jaagath Museeath Ho Rae Bhaaee ||	People of the world, remain awake and aware. Even though you are awake, you are being robbed, O Siblings of Destiny.	ਹੇ ਜਗਤ ਦੇ ਲੋਕੋ! ਸੁਚੇਤ ਰਹੋ, ਜਾਗਦੇ ਰਹੋ। ਹੇ ਭਾਈ! ਤੁਸੀ ਤਾਂ (ਆਪਣੇ ਵਲੋਂ) ਜਾਗਦੇ ਹੀ ਲੁੱਟੇ ਜਾ ਰਹੇ ਹੋ;
41765	972	ਨਿਗਮ ਹੁਸੀਆਰ ਪਹਰੂਆ ਦੇਖਤ ਜਮੁ ਲੇ ਜਾਈ॥੧॥ਰਹਾਉ॥	ਪਹ-ਰੂਆ	Nigam Huseeaar Peharooaa Dhaekhath Jam Lae Jaaee ||1|| Rehaao ||	While the Vedas stand guard watching, the Messenger of Death carries you away. ||1||Pause||	ਵੇਦ ਸ਼ਾਸਤ੍ਰ-ਰੂਪ ਸੁਚੇਤ ਪਹਿਰੇਦਾਰਾਂ ਦੇ ਵੇਖਦਿਆਂ ਹੀ ਤੁਹਾਨੂੰ ਜਮ-ਰਾਜ ਲਈ ਜਾ ਰਿਹਾ ਹੈ (ਭਾਵ, ਸ਼ਾਸਤ੍ਰਾਂ ਦੀ ਰਾਖੀ ਪਹਿਰੇਦਾਰੀ ਵਿਚ ਭੀ ਤੁਸੀ ਅਜਿਹੇ ਕੰਮ ਕਰੀ ਜਾ ਰਹੇ ਹੋ, ਜਿਨ੍ਹਾਂ ਕਰਕੇ ਜਨਮ ਮਰਨ ਦਾ ਗੇੜ ਬਣਿਆ ਪਿਆ ਹੈ) ॥੧॥ ਰਹਾਉ ॥
41766	972	ਨੀਬੁ ਭਇਓ ਆਂਬੁ ਆਂਬੁ ਭਇਓ ਨੀਬਾ ਕੇਲਾ ਪਾਕਾ ਝਾਰਿ॥	ਪੱਕਾ	Naneeb Bhaeiou Aaanb Aaanb Bhaeiou Naneebaa Kaelaa Paakaa Jhaar ||	He thinks that the bitter nimm fruit is a mango, and the mango is a bitter nimm. He imagines the ripe banana on the thorny bush.	(ਸ਼ਾਸਤਰਾਂ ਦੇ ਦੱਸੇ ਕਰਮ-ਕਾਂਡ ਵਿਚ ਫਸੇ) ਹੋਇਆਂ ਨੂੰ ਨਿੰਮ ਦਾ ਰੁੱਖ ਅੰਬ ਦਿੱਸਦਾ ਹੈ, ਅੰਬ ਦਾ ਬੂਟਾ ਨਿੰਮ ਜਾਪਦਾ ਹੈ; ਪੱਕਾ ਹੋਇਆ ਕੇਲਾ ਇਹਨਾਂ ਨੂੰ ਝਾੜੀਆਂ ਮਲੂਮ ਹੁੰਦਾ ਹੈ,
41767	972	ਨਾਲੀਏਰ ਫਲੁ ਸੇਬਰਿ ਪਾਕਾ ਮੂਰਖ ਮੁਗਧ ਗਵਾਰ॥੧॥	(ਨਾਲੀਏਰ) ਸਤਿਸੰਗਤ। ਕੁਸੰਗਤ ਰੂਪ (ਸੇਬਰਿ) ਸਿੰਬਲ	Naaleeeaer Fal Saebar Paakaa Moorakh Mugadhh Gavaar ||1||	He thinks that the ripe coconut hangs on the barren simmal tree; what a stupid, idiotic fool he is! ||1||	ਤੇ ਸਿੰਬਲ ਇਹਨਾਂ ਮੂਰਖ ਮਤ-ਹੀਣ ਅੰਞਾਣ ਲੋਕਾਂ ਨੂੰ ਨਲੀਏਰ ਦਾ ਪੱਕਾ ਫਲ ਦਿੱਸਦਾ ਹੈ ॥੧॥

41768	972	ਹਰਿ ਭਇਓ ਖਾਂਡੁ ਰੇਤੁ ਮਹਿ ਬਿਖਰਿਓ ਹਸਤੀ ਚੁਨਿਓ ਨ ਜਾਈ॥		Har Bhaeiou Khaandd Raeth Mehi Bikhariou Hasathanee Chuniou N Jaaee ||	The Lord is like sugar, spilled onto the sand; the elephant cannot pick it up.	ਕਬੀਰ ਆਖਦਾ ਹੈ ਕਿ ਪਰਮਾਤਮਾ ਨੂੰ ਇਉਂ ਸਮਝੋ ਜਿਵੇਂ ਖੰਡ ਰੇਤ ਵਿਚ ਰਲੀ ਹੋਈ ਹੋਵੇ। ਉਹ ਖੰਡ ਹਾਥੀਆਂ ਪਾਸੋਂ ਨਹੀਂ ਚੁਣੀ ਜਾ ਸਕਦੀ।
41769	972	ਕਹਿ ਕਮੀਰ ਕੁਲ ਜਾਤਿ ਪਾਂਤਿ ਤਜਿ ਚੀਟੀ ਹੋਇ ਚੁਨਿ ਖਾਈ॥੨॥੩॥੧੨॥	ਕੁਲ: ਪੋਲਾ ਬੋਲੋ	Kehi Kameer Kul Jaath Paanth Thaj Cheettee Hoe Chun Khaaee ||2||3||12||	Says Kabeer, give up your ancestry, social status and honor; be like the tiny ant - pick up and eat the sugar. ||2||3||12||	(ਹਾਂ, ਜੇ) ਕੀੜੀ ਹੋਵੇ ਤਾਂ ਉਹ (ਇਸ ਖੰਡ ਨੂੰ) ਚੁਣ ਕੇ ਖਾ ਸਕਦੀ ਹੈ, ਇਸੇ ਤਰ੍ਹਾਂ ਮਨੁੱਖ ਕੁਲ ਜਾਤ ਖ਼ਾਨਦਾਨ (ਦਾ ਮਾਨ) ਛੱਡ ਕੇ ਪ੍ਰਭੂ ਨੂੰ ਮਿਲ ਸਕਦਾ ਹੈ ॥੨॥੩॥੧੨॥
41770	972	ਬਾਣੀ ਨਾਮਦੇਉ ਜੀਉ ਕੀ ਰਾਮਕਲੀ ਘਰੁ ੧		Baanee Naamadhaeo Jeeo Kee Raamakalee Ghar 1	The Word Of Naam Dayv Jee, Raamkalee, First House:	ਰਾਗ ਰਾਮਕਲੀ, ਘਰ ੧ ਵਿੱਚ ਭਗਤ ਨਾਮਦੇਵ ਜੀ ਦੀ ਬਾਣੀ।
41771	972	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

41772	972	ਆਨੀਲੇ ਕਾਗਦੁ ਕਾਟੀਲੇ ਗੂਡੀ ਆਕਾਸ ਮਧੇ ਭਰਮੀਅਲੇ॥	ਆਨੀ-ਲੇ, ਕਾਟੀ-ਲੇ, ਮਧੇ: ਪੋਲਾ ਬੋਲੋ	Aaneelae Kaagadh Kaatteelae Gooddee Aakaas Madhhae Bharameealae ||	The boy takes paper, cuts it and makes a kite, and flies it in the sky.	(ਹੇ ਤ੍ਰਿਲੋਚਨ! ਵੇਖ, ਮੁੰਡਾ) ਕਾਗ਼ਜ਼ ਲਿਆਉਂਦਾ ਹੈ, ਉਸ ਦੀ ਗੁੱਡੀ ਕੱਟਦਾ ਹੈ ਤੇ ਗੁੱਡੀ ਨੂੰ ਅਸਮਾਨ ਵਿਚ ਉਡਾਉਂਦਾ ਹੈ,
41773	972	ਪੰਚ ਜਨਾ ਸਿਉ ਬਾਤ ਬਤਊਆ ਚੀਤੁ ਸੁ ਡੋਰੀ ਰਾਖੀਅਲੇ॥੧॥	ਬ-ਤਊਆ	Panch Janaa Sio Baath Bathooaa Cheeth S Ddoree Raakheealae ||1||	Talking with his friends, he still keeps his attention on the kite string. ||1||	ਸਾਥੀਆਂ ਨਾਲ ਗੱਪਾਂ ਭੀ ਮਾਰੀ ਜਾਂਦਾ ਹੈ, ਪਰ ਉਸ ਦਾ ਮਨ (ਗੁੱਡੀ ਦੀ) ਡੋਰ ਵਿਚ ਟਿਕਿਆ ਰਹਿੰਦਾ ਹੈ ॥੧॥
41774	972	ਮਨੁ ਰਾਮ ਨਾਮਾ ਬੇਧੀਅਲੇ॥	ਬੇਧੀ-ਅਲੇ	Man Raam Naamaa Baedhheealae ||	My mind has been pierced by the Name of the Lord,	(ਹੇ ਤ੍ਰਿਲੋਚਨ!) ਮੇਰਾ ਮਨ ਪਰਮਾਤਮਾ ਦੇ ਨਾਮ ਵਿਚ ਵਿੱਝਾ ਹੋਇਆ ਹੈ,
41775	972	ਜੈਸੇ ਕਨਿਕ ਕਲਾ ਚਿਤੁ ਮਾਂਡੀਅਲੇ॥੧॥ਰਹਾਉ॥		Jaisae Kanik Kalaa Chith Maanddeealae ||1|| Rehaao ||	Like the goldsmith, whose attention is held by his work. ||1||Pause||	ਜਿਵੇਂ ਸੁਨਿਆਰੇ ਦਾ ਮਨ (ਹੋਰਨਾਂ ਨਾਲ ਗੱਲਾਂ-ਬਾਤਾਂ ਕਰਦਿਆਂ ਭੀ, ਕੁਠਾਲੀ ਵਿਚ ਪਾਏ ਹੋਏ ਸੋਨੇ ਵਿਚ) ਜੁੜਿਆ ਰਹਿੰਦਾ ਹੈ ॥੧॥ ਰਹਾਉ ॥
41776	972	ਆਨੀਲੇ ਕੁੰਭੁ ਭਰਾਈਲੇ ਊਦਕ ਰਾਜਕੁਆਰਿ ਪੁਰੰਦਰੀਏ॥	(ਪੁ-ਰੰਦਰੀਏ) ਪੁਰੀ ਦੇ ਅੰਦਰ। ਭਰਾਈ-ਲੇ	Aaneelae Kunbh Bharaaeelae Oodhak Raaj Kuaar Purandhareeeae ||	The young girl in the city takes a pitcher, and fills it with water.	(ਹੇ ਤ੍ਰਿਲੋਚਨ!) ਜੁਆਨ ਕੁੜੀਆਂ ਸ਼ਹਿਰ ਵਿਚੋਂ (ਬਾਹਰ ਜਾਂਦੀਆਂ ਹਨ) ਆਪੋ ਆਪਣਾ ਘੜਾ ਚੁੱਕ ਲੈਂਦੀਆਂ ਹਨ, ਪਾਣੀ ਨਾਲ ਭਰਦੀਆਂ ਹਨ,

41777	972	ਹਸਤ ਬਿਨੋਦ ਬੀਚਾਰ ਕਰਤੀ ਹੈ ਚੀਤੁ ਸੁ ਗਾਗਰਿ ਰਾਖੀਅਲੇ॥੨॥		Hasath Binodh Beechaar Karathee Hai Cheeth S Gaagar Raakheealae ||2||	She laughs, and plays, and talks with her friends, but she keeps her attention focused on the pitcher of water. ||2||	(ਆਪੋ ਵਿਚ) ਹੱਸਦੀਆਂ ਹਨ, ਹਾਸੇ ਦੀਆਂ ਗੱਲਾਂ ਤੇ ਹੋਰ ਕਈ ਵਿਚਾਰਾਂ ਕਰਦੀਆਂ ਹਨ, ਪਰ ਆਪਣਾ ਚਿੱਤ ਆਪੋ ਆਪਣੇ ਘੜੇ ਵਿਚ ਰੱਖਦੀਆਂ ਹਨ ॥੨॥
41778	972	ਮੰਦਰੁ ਏਕੁ ਦੁਆਰ ਦਸ ਜਾ ਕੇ ਗਊ ਚਰਾਵਨ ਛਾਡੀਅਲੇ॥		Mandhar Eaek Dhuaar Dhas Jaa Kae Goo Charaavan Shhaaddeealae ||	The cow is let loose, out of the mansion of the ten gates, to graze in the field.	(ਹੇ ਤ੍ਰਿਲੋਚਨ!) ਇੱਕ ਘਰ ਹੈ ਜਿਸ ਦੇ ਦਸ ਬੂਹੇ ਹਨ, ਇਸ ਘਰੋਂ ਮਨੁੱਖ ਗਊਆਂ ਚਾਰਨ ਲਈ ਛੱਡਦਾ ਹੈ;
41779	972	ਪਾਂਚ ਕੋਸ ਪਰ ਗਊ ਚਰਾਵਤ ਚੀਤੁ ਸੁ ਬਛਰਾ ਰਾਖੀਅਲੇ॥੩॥		Paanch Kos Par Goo Charaavath Cheeth S Bashharaa Raakheealae ||3||	It grazes up to five miles away, but keeps its attention focused on its calf. ||3||	ਇਹ ਗਾਈਆਂ ਪੰਜਾਂ ਕੋਹਾਂ ਤੇ ਜਾ ਚੁਗਦੀਆਂ ਹਨ, ਪਰ ਆਪਣਾ ਚਿੱਤ ਆਪਣੇ ਵੱਛੇ ਵਿਚ ਰੱਖਦੀਆਂ ਹਨ (ਤਿਵੇਂ ਹੀ ਦਸ-ਇੰਦ੍ਰਿਆਂ-ਵਾਲੇ ਇਸ ਸਰੀਰ ਵਿਚੋਂ ਮੇਰੇ ਗਿਆਨ-ਇੰਦ੍ਰੇ ਸਰੀਰ ਦੇ ਨਿਰਬਾਹ ਲਈ ਕੰਮ-ਕਾਰ ਕਰਦੇ ਹਨ, ਪਰ ਮੇਰੀ ਸੁਰਤ ਆਪਣੇ ਪ੍ਰਭੂ-ਚਰਨਾਂ ਵਿਚ ਹੀ ਹੈ) ॥੩॥
41780	972	ਕਹਤ ਨਾਮਦੇਉ ਸੁਨਹੁ ਤਿਲੋਚਨ ਬਾਲਕੁ ਪਾਲਨ ਪਉਢੀਅਲੇ॥	(ਪਾਲਨ) ਪੰਘੂੜੇ ਉਤੇ। (ਪਉਢੀ-ਅਲੇ) ਪਾ ਕੇ	Kehath Naamadhaeo Sunahu Thilochan Baalak Paalan Poudteealae ||	Says Naam Dayv, listen, O Trilochan: the child is laid down in the cradle.	ਹੇ ਤ੍ਰਿਲੋਚਨ! ਸੁਣ, ਨਾਮਦੇਵ (ਇਕ ਹੋਰ ਦ੍ਰਿਸ਼ਟਾਂਤ) ਆਖਦਾ ਹੈ ਕਿ ਮਾਂ ਆਪਣੇ ਬਾਲ ਨੂੰ ਪੰਘੂੜੇ ਵਿਚ ਪਾਂਦੀ ਹੈ,

41781	972	ਅੰਤਰਿ ਬਾਹਰਿ ਕਾਜ ਬਿਰੂਧੀ ਚੀਤੁ ਸੁ ਬਾਰਿਕ ਰਾਖੀਅਲੇ॥੪॥੧॥		Anthar Baahar Kaaj Biroodhhee Cheeth S Baarik Raakheealae ||4||1||	Its mother is at work, inside and outside, but she holds her child in her thoughts. ||4||1||	ਅੰਦਰ ਬਾਹਰ ਘਰ ਦੇ ਕੰਮਾਂ ਵਿਚ ਰੁੱਝੀ ਰਹਿੰਦੀ ਹੈ, ਪਰ ਆਪਣੀ ਸੁਰਤ ਆਪਣੇ ਬੱਚੇ ਵਿਚ ਰੱਖਦੀ ਹੈ। ਭਾਵ: ਪ੍ਰੀਤ ਦਾ ਸਰੂਪ-ਕੰਮ-ਕਾਰ ਕਰਦਿਆਂ ਸੁਰਤ ਹਰ ਵੇਲੇ ਪ੍ਰਭੂ ਦੀ ਯਾਦ ਵਿਚ ਰਹੇ ॥੪॥੧॥
41782	972	ਬੇਦ ਪੁਰਾਨ ਸਾਸਤ੍ਰ ਆਨੰਤਾ ਗੀਤ ਕਬਿਤ ਨ ਗਾਵਉਗੋ॥	ਕਬਿ-ਤ: ਪੋਲਾ ਬੋਲੋ। ਗਾਵਉ-ਗੋ	Baedh Puraan Saasathr Aananthaa Geeth Kabith N Gaavougo ||	There are countless Vedas, Puraanas and Shaastras; I do not sing their songs and hymns.	ਮੈਨੂੰ ਵੇਦ ਸ਼ਾਸਤਰ, ਪੁਰਾਨ ਆਦਿਕ ਦੇ ਗੀਤ ਕਬਿੱਤ ਗਾਵਣ ਦੀ ਲੋੜ ਨਹੀਂ,
41783	973	ਅਖੰਡ ਮੰਡਲ ਨਿਰੰਕਾਰ ਮਹਿ ਅਨਹਦ ਬੇਨੁ ਬਜਾਵਉਗੋ॥੧॥		Akhandd Manddal Nirankaar Mehi Anehadh Baen Bajaavougo ||1||	In the imperishable realm of the Formless Lord, I play the flute of the unstruck sound current. ||1||	ਕਿਉਂਕਿ ਮੈਂ ਅਵਿਨਾਸ਼ੀ ਟਿਕਾਣੇ ਵਾਲੇ ਨਿਰੰਕਾਰ ਵਿਚ ਜੁੜ ਕੇ (ਉਸ ਦੇ ਪਿਆਰੇ ਦੀ) ਇੱਕ-ਰਸ ਬੰਸਰੀ ਵਜਾ ਰਿਹਾ ਹਾਂ ॥੧॥
41784	973	ਬੈਰਾਗੀ ਰਾਮਹਿ ਗਾਵਉਗੋ॥		Bairaagee Raamehi Gaavougo ||	Becoming detached, I sing the Lord's Praises.	(ਸਤਿਗੁਰੂ ਦੇ) ਸ਼ਬਦ ਦੀ ਬਰਕਤਿ ਨਾਲ ਮੈਂ ਵੈਰਾਗਵਾਨ ਹੋ ਕੇ, ਵਿਰਕਤ ਹੋ ਕੇ ਪ੍ਰਭੂ ਦੇ ਗੁਣ ਗਾ ਰਿਹਾ ਹਾਂ,

41785	973	ਸਬਦਿ ਅਤੀਤ ਅਨਾਹਦਿ ਰਾਤਾ ਆਕੁਲ ਕੈ ਘਰਿ ਜਾਉਗੋ॥੧॥ਰਹਾਉ॥		Sabadh Atheeth Anaahadh Raathaa Aakul Kai Ghar Jaaougo ||1|| Rehaao ||	Imbued with the unattached, unstruck Word of the Shabad, I shall go to the home of the Lord, who has no ancestors. ||1||Pause||	ਅਬਿਨਾਸੀ ਪ੍ਰਭੂ (ਦੇ ਪਿਆਰ) ਵਿਚ ਰੰਗਿਆ ਗਿਆ ਹਾਂ, ਤੇ ਸਰਬ-ਕੁਲ-ਵਿਆਪਕ ਪ੍ਰਭੂ ਦੇ ਚਰਨਾਂ ਵਿਚ ਅੱਪੜ ਗਿਆ ਹਾਂ ॥੧॥ ਰਹਾਉ ॥
41786	973	ਇੜਾ ਪਿੰਗੁਲਾ ਅਉਰੁ ਸੁਖਮਨਾ ਪਉਨੈ ਬੰਧਿ ਰਹਾਉਗੋ॥		Eirraa Pingulaa Aour Sukhamanaa Pounai Bandhh Rehaaougo ||	Then, I shall no longer control the breath through the energy channels of the Ida, Pingala and Shushmanaa.	(ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਰਕਤਿ ਨਾਲ ਜੋ ਮੈਂ) ਚੰਚਲ ਮਨ ਨੂੰ ਰੋਕਿਆ ਹੈ, ਇਹੀ ਮੇਰਾ ਇੜਾ, ਪਿੰਗਲਾ, ਸੁਖਮਨਾ (ਦਾ ਸਾਧਨ) ਹੈ;
41787	973	ਚੰਦੁ ਸੂਰਜੁ ਦੁਇ ਸਮ ਕਰਿ ਰਾਖਉ ਬ੍ਰਹਮ ਜੋਤਿ ਮਿਲਿ ਜਾਉਗੋ॥੨॥		Chandh Sooraj Dhue Sam Kar Raakho Breham Joth Mil Jaaougo ||2||	I look upon both the moon and the sun as the same, and I shall merge in the Light of God. ||2||	ਮੇਰੇ ਲਈ ਖੱਬੀ ਸੱਜੀ ਸੁਰ ਇਕੋ ਜਿਹੀ ਹੈ (ਭਾਵ, ਪ੍ਰਾਣ ਚਾੜ੍ਹਨੇ ਉਤਾਰਨੇ ਮੇਰੇ ਵਾਸਤੇ ਇੱਕੋ ਜਿਹੀ ਗੱਲ ਹੈ, ਬੇ-ਲੋੜਵੇਂ ਹਨ) ਕਿਉਂਕਿ ਮੈਂ ਪਰਮਾਤਮਾ ਦੀ ਜੋਤ ਵਿਚ ਟਿਕਿਆ ਬੈਠਾ ਹਾਂ ॥੨॥
41788	973	ਤੀਰਥ ਦੇਖਿ ਨ ਜਲ ਮਹਿ ਪੈਸਉ ਜੀਅ ਜੰਤ ਨ ਸਤਾਵਉਗੋ॥		Theerathh Dhaekh N Jal Mehi Paiso Jeea Janth N Sathaavougo ||	I do not go to see sacred shrines of pilgrimage, or bathe in their waters; I do not bother any beings or creatures.	ਨਾ ਮੈਂ ਤੀਰਥਾਂ ਦੇ ਦਰਸ਼ਨ ਕਰਦਾ ਹਾਂ, ਨਾ ਉਹਨਾਂ ਦੇ ਪਾਣੀ ਵਿਚ ਚੁੱਭੀ ਲਾਉਂਦਾ ਹਾਂ, ਤੇ ਨਾ ਹੀ ਮੈਂ ਉਸ ਪਾਣੀ ਵਿਚ ਰਹਿਣ ਵਾਲੇ ਜੀਵਾਂ ਨੂੰ ਡਰਾਉਂਦਾ ਹਾਂ।

41789	973	ਅਠਸਠਿ ਤੀਰਥ ਗੁਰੂ ਦਿਖਾਏ ਘਟ ਹੀ ਭੀਤਰਿ ਨ੍ਹਾਉਗੋ॥੩॥	ਘਟ: ਪੋਲਾ ਬੋਲੋ	Athasath Theerathh Guroo Dhikhaaeae Ghatt Hee Bheethar Nhaaougo ||3||	The Guru has shown me the sixty-eight places of pilgrimage within my own heart, where I now take my cleansing bath. ||3||	ਮੈਨੂੰ ਤਾਂ ਮੇਰੇ ਗੁਰੂ ਨੇ (ਮੇਰੇ ਅੰਦਰ ਹੀ) ਅਠਾਹਠ ਤੀਰਥ ਵਿਖਾ ਦਿੱਤੇ ਹਨ। ਸੋ, ਮੈਂ ਆਪਣੇ ਅੰਦਰ ਹੀ (ਆਤਮ-ਤੀਰਥ ਉੱਤੇ) ਇਸ਼ਨਾਨ ਕਰਦਾ ਹਾਂ ॥੩॥
41790	973	ਪੰਚ ਸਹਾਈ ਜਨ ਕੀ ਸੋਭਾ ਭਲੋ ਭਲੋ ਨ ਕਹਾਵਉਗੋ॥		Panch Sehaaee Jan Kee Sobhaa Bhalo Bhalo N Kehaavougo ||	I do not pay attention to anyone praising me, or calling me good and nice.	(ਕਰਮ-ਕਾਂਡ, ਤੀਰਥ ਆਦਿਕ ਨਾਲ ਲੋਕ ਜਗਤ ਦੀ ਸੋਭਾ ਲੋੜਦੇ ਹਨ, ਪਰ) ਮੈਨੂੰ (ਇਹਨਾਂ ਕਰਮਾਂ ਦੇ ਆਧਾਰ ਤੇ) ਸੱਜਣਾਂ-ਮਿੱਤਰਾਂ ਤੇ ਲੋਕਾਂ ਦੀ ਸੋਭਾ ਦੀ ਲੋੜ ਨਹੀਂ ਹੈ, ਮੈਨੂੰ ਇਹ ਗ਼ਰਜ਼ ਨਹੀਂ ਕਿ ਕੋਈ ਮੈਨੂੰ ਭਲਾ ਆਖੇ।
41791	973	ਨਾਮਾ ਕਹੈ ਚਿਤੁ ਹਰਿ ਸਿਉ ਰਾਤਾ ਸੁੰਨ ਸਮਾਧਿ ਸਮਾਉਗੋ॥੪॥੨॥		Naamaa Kehai Chith Har Sio Raathaa Sunn Samaadhh Samaaougo ||4||2||	Says Naam Dayv, my consciousness is imbued with the Lord; I am absorbed in the profound state of Samaadhi. ||4||2||	ਨਾਮਦੇਵ ਆਖਦਾ ਹੈ ਮੇਰਾ ਚਿੱਤ ਪ੍ਰਭੂ (ਪਿਆਰ) ਵਿਚ ਰੰਗਿਆ ਗਿਆ ਹੈ, ਮੈਂ ਉਸ ਟਿਕਾਉ ਵਿਚ ਟਿਕਿਆ ਹੋਇਆ ਹਾਂ ਜਿੱਥੇ ਮਾਇਆ ਦਾ ਕੋਈ ਫੁਰਨਾ ਨਹੀਂ ਫੁਰਦਾ ॥੪॥੨॥
41792	973	ਮਾਇ ਨ ਹੋਤੀ ਬਾਪੁ ਨ ਹੋਤਾ ਕਰਮੁ ਨ ਹੋਤੀ ਕਾਇਆ॥		Maae N Hothee Baap N Hothaa Karam N Hothee Kaaeiaa ||	When there was no mother and no father, no karma and no human body,	(ਜੇ ਇਹ ਮੰਨੀਏ ਕਿ ਕਰਮਾਂ ਦੀ ਖੇਡ ਹੈ ਤਾਂ) ਜਦੋਂ ਨਾ ਮਾਂ ਸੀ ਨਾ ਪਿਉ; ਨਾ ਕੋਈ ਮਨੁੱਖਾ-ਸਰੀਰ ਸੀ, ਤੇ ਨਾ ਉਸ ਦਾ ਕੀਤਾ ਹੋਇਆ ਕਰਮ;

41793	973	ਹਮ ਨਹੀ ਹੋਤੇ ਤੁਮ ਨਹੀ ਹੋਤੇ ਕਵਨੁ ਕਹਾਂ ਤੇ ਆਇਆ॥੧॥		Ham Nehee Hothae Thum Nehee Hothae Kavan Kehaan Thae Aaeiaa ||1||	When I was not and you were not, then who came from where? ||1||	ਜਦੋਂ ਕੋਈ ਜੀਵ ਹੀ ਨਹੀਂ ਸਨ, ਤਦੋਂ (ਹੇ ਪ੍ਰਭੂ! ਤੈਥੋਂ ਬਿਨਾ) ਹੋਰ ਕਿਸ ਥਾਂ ਤੋਂ ਕੋਈ ਜੀਵ ਜਨਮ ਲੈ ਸਕਦਾ ਸੀ? ॥੧॥
41794	973	ਰਾਮ ਕੋਇ ਨ ਕਿਸ ਹੀ ਕੇਰਾ॥		Raam Koe N Kis Hee Kaeraa ||	O Lord, no one belongs to anyone else.	ਹੇ ਰਾਮ! ਤੈਥੋਂ ਬਿਨਾ ਹੋਰ ਕੋਈ ਭੀ ਕਿਸੇ ਦਾ ਸਹਾਈ ਨਹੀਂ ਹੈ (ਨਾ ਕੋਈ 'ਕਰਮ' ਆਦਿਕ ਇਸ ਜੀਵ ਨੂੰ ਜਨਮ ਮਰਨ ਵਿਚ ਲਿਆਉਣ ਵਾਲਾ ਹੈ, ਤੇ ਨਾ ਕੋਈ ਸ਼ਾਸਤਰ-ਵਿਹਿਤ ਕਰਮ ਜਾਂ ਪ੍ਰਾਣਾਯਾਮ ਆਦਿਕ ਇਸ ਨੂੰ ਗੇੜ ਵਿਚੋਂ ਕੱਢਣ ਦੇ ਸਮਰੱਥ ਹੈ),
41795	973	ਜੈਸੇ ਤਰਵਰਿ ਪੰਖਿ ਬਸੇਰਾ॥੧॥ਰਹਾਉ॥		Jaisae Tharavar Pankh Basaeraa ||1|| Rehaao ||	We are like birds perched on a tree. ||1||Pause||	ਜਿਵੇਂ ਰੁੱਖਾਂ ਉੱਤੇ ਪੰਛੀਆਂ ਦਾ ਵਸੇਰਾ ਹੁੰਦਾ ਹੈ (ਤਿਵੇਂ ਤੇਰੇ ਭੇਜੇ ਜੀਵ ਇੱਥੇ ਆਉਂਦੇ ਹਨ ਤੇ ਤੂੰ ਆਪ ਹੀ ਇਹਨਾਂ ਨੂੰ ਆਪਣੇ ਵਿਚ ਜੋੜਦਾ ਹੈਂ) ॥੧॥ ਰਹਾਉ ॥
41796	973	ਚੰਦੁ ਨ ਹੋਤਾ ਸੂਰੁ ਨ ਹੋਤਾ ਪਾਨੀ ਪਵਨੁ ਮਿਲਾਇਆ॥		Chandh N Hothaa Soor N Hothaa Paanee Pavan Milaaeiaa ||	When there was no moon and no sun, then water and air were blended together.	ਜਦੋਂ ਨਾ ਚੰਦ ਸੀ ਨਾ ਸੂਰਜ; ਜਦੋਂ ਪਾਣੀ, ਹਵਾ ਆਦਿਕ ਤੱਤ ਭੀ ਅਜੇ ਪੈਦਾ ਨਹੀਂ ਸਨ ਹੋਏ,

41797	973	ਸਾਸਤੁ ਨ ਹੋਤਾ ਬੇਦੁ ਨ ਹੋਤਾ ਕਰਮੁ ਕਹਾਂ ਤੇ ਆਇਆ॥੨॥		Saasath N Hothaa Baedh N Hothaa Karam Kehaan Thae Aaeiaa ||2||	When there were no Shaastras and no Vedas, then where did karma come from? ||2||	ਜਦੋਂ ਕੋਈ ਵੇਦ ਸ਼ਾਸਤਰ ਭੀ ਨਹੀਂ ਸਨ; ਤਦੋਂ (ਹੇ ਪ੍ਰਭੂ!) ਕਰਮਾਂ ਦੀ ਕੋਈ ਹਸਤੀ ਹੀ ਨਹੀਂ ਸੀ ॥੨॥
41798	973	ਖੇਚਰ ਭੂਚਰ ਤੁਲਸੀ ਮਾਲਾ ਗੁਰ ਪਰਸਾਦੀ ਪਾਇਆ॥	ਖੇੱਚਰ ਭੂੱਚਰ। ਮਾਲਾ: ਪੋਲਾ ਬੋਲੋ	Khaechar Bhoochar Thulasee Maalaa Gur Parasaadhee Paaeiaa ||	Control of the breath and positioning of the tongue, focusing at the third eye and wearing malas of tulsi beads, are all obtained through Guru's Grace.	ਕੋਈ ਪ੍ਰਾਣਾਯਾਮ ਕਰਦਾ ਹੈ (ਤੇ ਇਸ ਵਿਚ ਆਪਣੀ ਮੁਕਤੀ ਸਮਝਦਾ ਹੈ), ਕੋਈ ਤੁਲਸੀ ਦੀ ਮਾਲਾ ਆਦਿਕ ਧਾਰਨ ਕਰਦਾ ਹੈ; ਪਰ ਮੈਨੂੰ ਆਪਣੇ ਗੁਰੂ ਦੀ ਕਿਰਪਾ ਨਾਲ ਸਮਝ ਆਈ ਹੈ।
41799	973	ਨਾਮਾ ਪ੍ਰਣਵੈ ਪਰਮਤਤੁ ਹੈ ਸਤਿਗੁਰ ਹੋਇ ਲਖਾਇਆ॥੩॥੩॥		Naamaa Pranavai Param Thath Hai Sathigur Hoe Lakhaaeiaa ||3||3||	Naam Dayv prays, this is the supreme essence of reality; the True Guru has inspired this realization. ||3||3||	ਨਾਮਦੇਵ ਆਖਦਾ ਹੈ ਗੁਰੂ ਨੇ ਮਿਲ ਕੇ ਮੈਨੂੰ ਇਹ ਗੱਲ ਸਮਝਾਈ ਹੈ ਕਿ ਅਸਲ ਸਹਾਈ ਸਭ ਤੋਂ ਉੱਚਾ ਉਹ ਪ੍ਰਭੂ ਹੈ, ਜੋ ਜਗਤ ਦਾ ਮੂਲ ਹੈ (ਉਸੇ ਨੇ ਜਗਤ ਬਣਾਇਆ, ਤੇ ਉਹੀ ਸੰਸਾਰ-ਸਮੁੰਦਰ ਵਿਚੋਂ ਪਾਰ ਉਤਾਰਦਾ ਹੈ) ॥੩॥੩॥
41800	973	ਰਾਮਕਲੀ ਘਰੁ ੨॥		Raamakalee Ghar 2 ||	Raamkalee, Second House:	

41801	973	ਬਾਨਾਰਸੀ ਤਪੁ ਕਰੈ ਉਲਟਿ ਤੀਰਥ ਮਰੈ ਅਗਨਿ ਦਹੈ ਕਾਇਆ ਕਲਪੁ ਕੀਜੈ॥	(ਕਲਪੁ) ਚੌਹਾਂ ਜੁੱਗਾਂ ਦੀ ਹਜ਼ਾਰ ਚੌਕੜੀ ਤੱਕ ਦੇਹ ਰੱਖ ਲਈਏ	Baanaarasee Thap Karai Oulatt Theerathh Marai Agan Dhehai Kaaeiaa Kalap Keejai ||	Someone may practice austerities at Benares, or die upside-down at a sacred shrine ofpilgrimage, or burn his body in fire, or rejuvenate his body to life almost forever;	(ਹੇ ਮੇਰੇ ਮਨ!) ਜੇ ਕੋਈ ਮਨੁੱਖ ਕਾਸ਼ੀ ਜਾ ਕੇ ਉਲਟਾ ਲਟਕ ਕੇ ਤਪ ਕਰੇ, ਤੀਰਥਾਂ ਤੇ ਸਰੀਰ ਤਿਆਗੇ, (ਧੂਣੀਆਂ ਦੀ) ਅੱਗ ਵਿਚ ਸੜੇ, ਜਾਂ ਜੋਗ-ਅੱਭਿਆਸ ਆਦਿਕ ਨਾਲ ਸਰੀਰ ਨੂੰ ਚਿਰੰਜੀਵੀ ਕਰ ਲਏ;
41802	973	ਅਸੁਮੇਧ ਜਗੁ ਕੀਜੈ ਸੋਨਾ ਗਰਭ ਦਾਨੁ ਦੀਜੈ ਰਾਮ ਨਾਮ ਸਰਿ ਤਊ ਨ ਪੂਜੈ॥੧॥	ਗਰਭ ਗੁਪਤ ਦਾਨ ਖੀਰੇ ਚ ਪਾ ਕੇ ਦੇਵੇ। ਪੂੱਜੈ	Asumaedhh Jag Keejai Sonaa Garabh Dhaan Dheejai Raam Naam Sar Thoo N Poojai ||1||	He may perform the horse-sacrifice ceremony, or give donations of gold covered over, but none of these is equal to the worship of the Lord's Name. ||1||	ਜੇ ਕੋਈ ਅਸਮੇਧ ਜੱਗ ਕਰੇ, ਜਾਂ ਸੋਨਾ (ਫਲ ਆਦਿਕਾਂ ਵਿਚ) ਲੁਕਾ ਕੇ ਦਾਨ ਕਰੇ; ਤਾਂ ਭੀ ਇਹ ਸਾਰੇ ਕੰਮ ਪ੍ਰਭੂ ਦੇ ਨਾਮ ਦੀ ਬਰਾਬਰੀ ਨਹੀਂ ਕਰ ਸਕਦੇ ॥੧॥
41803	973	ਛੋਡਿ ਛੋਡਿ ਰੇ ਪਾਖੰਡੀ ਮਨ ਕਪਟੁ ਨ ਕੀਜੈ॥		Shhodd Shhodd Rae Paakhanddee Man Kapatt N Keejai ||	O hypocrite, renounce and abandon your hypocrisy; do not practice deception.	ਹੇ (ਮੇਰੇ) ਪਖੰਡੀ ਮਨ! ਕਪਟ ਨਾ ਕਰ, ਛੱਡ ਇਹ ਕਪਟ, ਛੱਡ ਇਹ ਕਪਟ।
41804	973	ਹਰਿ ਕਾ ਨਾਮੁ ਨਿਤ ਨਿਤਹਿ ਲੀਜੈ॥੧॥ਰਹਾਉ॥		Har Kaa Naam Nith Nithehi Leejai ||1|| Rehaao ||	Constantly, continually, chant the Name of the Lord. ||1||Pause||	ਸਦਾ ਪਰਮਾਤਮਾ ਦਾ ਨਾਮ ਹੀ ਸਿਮਰਨਾ ਚਾਹੀਦਾ ਹੈ ॥੧॥ ਰਹਾਉ ॥

41805	973	ਗੰਗਾ ਜਉ ਗੋਦਾਵਰਿ ਜਾਈਐ ਕੁੰਭਿ ਜਉ ਕੇਦਾਰ ਨ੍ਹਾਈਐ ਗੋਮਤੀ ਸਹਸ ਗਊ ਦਾਨੁ ਕੀਜੈ॥		Gangaa Jo Godhaavar Jaaeeai Kunbh Jo Kaedhaar Nhaaeeai Gomathee Sehas Goo Dhaan Keejai ||	Someone may go to the Ganges or the Godaavari, or to the Kumbha festival, or bathe at Kaydaar Naat'h, or make donations of thousands of cows at Gomti;	(ਹੇ ਮੇਰੇ ਮਨ!) ਕੁੰਭ ਦੇ ਮੇਲੇ ਤੇ ਜੇ ਗੰਗਾ ਜਾਂ ਗੋਦਾਵਰੀ ਤੀਰਥ ਤੇ ਜਾਈਏ, ਕੇਦਾਰ ਤੀਰਥ ਤੇ ਇਸ਼ਨਾਨ ਕਰੀਏ ਜਾਂ ਗੋਮਤੀ ਨਦੀ ਦੇ ਕੰਢੇ ਹਜ਼ਾਰ ਗਊਆਂ ਦਾ ਦਾਨ ਕਰੀਏ;
41806	973	ਕੋਟਿ ਜਉ ਤੀਰਥ ਕਰੈ ਤਨੁ ਜਉ ਹਿਵਾਲੇ ਗਾਰੈ ਰਾਮ ਨਾਮ ਸਰਿ ਤਊ ਨ ਪੂਜੈ॥੨॥		Kott Jo Theerathh Karai Than Jo Hivaalae Gaarai Raam Naam Sar Thoo N Poojai ||2||	He may make millions of pilgrimages to sacred shrines, or freeze his body in the Himalayas; still, none of these is equal to the worship of the Lord's Name. ||2||	(ਹੇ ਮਨ!) ਜੇ ਕੋਈ ਕ੍ਰੋੜਾਂ ਵਾਰੀ ਤੀਰਥ-ਜਾਤ੍ਰਾ ਕਰੇ, ਜਾਂ ਆਪਣਾ ਸਰੀਰ ਹਿਮਾਲੈ ਪਰਬਤ ਦੀ ਬਰਫ਼ ਵਿਚ ਗਾਲ ਦੇਵੇ, ਤਾਂ ਭੀ ਇਹ ਸਾਰੇ ਕੰਮ ਪ੍ਰਭੂ ਦੇ ਨਾਮ ਦੀ ਬਰਾਬਰੀ ਨਹੀਂ ਕਰ ਸਕਦੇ ॥੨॥
41807	973	ਅਸੁ ਦਾਨ ਗਜ ਦਾਨ ਸਿਹਜਾ ਨਾਰੀ ਭੂਮਿ ਦਾਨ ਐਸੋ ਦਾਨੁ ਨਿਤ ਨਿਤਹਿ ਕੀਜੈ॥		As Dhaan Gaj Dhaan Sihajaa Naaree Bhoom Dhaan Aiso Dhaan Nith Nithehi Keejai ||	Someone may give away horses and elephants, or women on their beds, or land; he may give such gifts over and over again.	(ਹੇ ਮੇਰੇ ਮਨ!) ਜੇ ਘੋੜੇ ਦਾਨ ਕਰੀਏ, ਹਾਥੀ ਦਾਨ ਕਰੀਏ, ਸੇਜ ਦਾਨ ਕਰੀਏ, ਵਹੁਟੀ ਦਾਨ ਕਰ ਦੇਈਏ, ਆਪਣੀ ਜ਼ਿਮੀਂ ਦਾਨ ਕਰ ਦੇਈਏ; ਜੇ ਸਦਾ ਹੀ ਅਜਿਹਾ (ਕੋਈ ਨ ਕੋਈ) ਦਾਨ ਕਰਦੇ ਹੀ ਰਹੀਏ;

41808	973	ਆਤਮ ਜਉ ਨਿਰਮਾਇਲੁ ਕੀਜੈ ਆਪ ਬਰਾਬਰਿ ਕੰਚਨੁ ਦੀਜੈ ਰਾਮ ਨਾਮ ਸਰਿ ਤਊ ਨ ਪੂਜੈ॥੩॥		Aatham Jo Niramaaeil Keejai Aap Baraabar Kanchan Dheejai Raam Naam Sar Thoo N Poojai ||3||	He may purify his soul, and give away in charity his body weight in gold; none of these is equal to the worship of the Lord's Name. ||3||	ਜੇ ਆਪਣਾ ਆਪ ਭੀ ਭੇਟ ਕਰ ਦੇਈਏ; ਜੇ ਆਪਣੇ ਬਰਾਬਰ ਤੋਲ ਕੇ ਸੋਨਾ ਦਾਨ ਕਰੀਏ, ਤਾਂ ਭੀ (ਹੇ ਮਨ!) ਇਹ ਸਾਰੇ ਕੰਮ ਪ੍ਰਭੂ ਦੇ ਨਾਮ ਦੀ ਬਰਾਬਰੀ ਨਹੀਂ ਕਰ ਸਕਦੇ ॥੩॥
41809	973	ਮਨਹਿ ਨ ਕੀਜੈ ਰੋਸੁ ਜਮਹਿ ਨ ਦੀਜੈ ਦੋਸੁ ਨਿਰਮਲ ਨਿਰਬਾਣ ਪਦੁ ਚੀਨ੍ਹਿ ਲੀਜੈ॥		Manehi N Keejai Ros Jamehi N Dheejai Dhos Niramal Nirabaan Padh Cheenih Leejai ||	Do not harbor anger in your mind, or blame the Messenger of Death; instead, realize the immaculate state of Nirvaanaa.	(ਹੇ ਜਿੰਦੇ! ਜੇ ਸਦਾ ਅਜਿਹੇ ਕੰਮ ਹੀ ਕਰਦੇ ਰਹਿਣਾ ਹੈ, ਤੇ ਨਾਮ ਨਹੀਂ ਸਿਮਰਨਾ ਤਾਂ ਫਿਰ) ਮਨ ਵਿਚ ਗਿਲਾ ਨਾ ਕਰਨਾ, ਜਮ ਨੂੰ ਦੋਸ਼ ਨਾ ਦੇਣਾ (ਕਿ ਉਹ ਕਿਉਂ ਆ ਗਿਆ ਹੈ; ਇਹਨੀਂ ਕੰਮੀਂ ਜਮ ਨੇ ਖ਼ਲਾਸੀ ਨਹੀਂ ਕਰਨੀ); (ਹੇ ਜਿੰਦੇ!) ਪਵਿੱਤਰ, ਵਾਸ਼ਨਾ-ਰਹਿਤ ਅਵਸਥਾ ਨਾਲ ਜਾਣ-ਪਛਾਣ ਪਾ;
41810	973	ਜਸਰਥ ਰਾਇ ਨੰਦੁ ਰਾਜਾ ਮੇਰਾ ਰਾਮਚੰਦੁ ਪ੍ਰਣਵੈ ਨਾਮਾ ਤਤੁ ਰਸੁ ਅੰਮ੍ਰਿਤੁ ਪੀਜੈ॥੪॥੪॥	ਗੁਰਮੁਖਿ ਸ੍ਰੀ ਰਾਮਚੰਦ੍ਰ ਜੀ ਨੇ ਨਾਮ ਅੰਮ੍ਰਿਤ ਰਸ ਨੂੰ (ਪੀਜੈ) ਪੀਤਾ ਸੀ	Jasarathh Raae Nandh Raajaa Maeraa Raam Chandh Pranavai Naamaa Thath Ras Anmrith Peejai ||4||4||	My Sovereign Lord King is Raam Chandra,the Son of the King Dasrat'h; prays Naam Dayv,I drink in the Ambrosial Nectar. ||4||4||	ਨਾਮਦੇਵ ਬੇਨਤੀ ਕਰਦਾ ਹੈ (ਸਭ ਰਸਾਂ ਦਾ) ਮੂਲ-ਰਸ ਨਾਮ-ਅੰਮ੍ਰਿਤ ਹੀ ਪੀਣਾ ਚਾਹੀਦਾ ਹੈ, ਇਹ ਨਾਮ-ਅੰਮ੍ਰਿਤ ਹੀ ਮੇਰਾ (ਨਾਮਦੇਵ ਦਾ) ਰਾਜਾ ਰਾਮ ਚੰਦਰ ਹੈ, ਜੋ ਰਾਜਾ ਜਸਰਥ ਦਾ ਪੁੱਤਰ ਹੈ ॥੪॥੪॥

41811	973	ਰਾਮਕਲੀ ਬਾਣੀ ਰਵਿਦਾਸ ਜੀ ਕੀ		Raamakalee Baanee Ravidhaas Jee Kee	Raamkalee, The Word Of Ravi Daas Jee:	ਰਾਗ ਰਾਮਕਲੀ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ।
41812	973	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
41813	973	ਪੜੀਐ ਗੁਨੀਐ ਨਾਮੁ ਸਭੁ ਸੁਨੀਐ ਅਨਭਉ ਭਾਉ ਨ ਦਰਸੈ॥	ਅਨ-ਭਉ	Parreeai Guneeai Naam Sabh Suneeai Anabho Bhaao N Dharasai ||	They read and reflect upon all the Names of God; they listen, but they do not see the Lord, the embodiment of love and intuition.	ਹਰ ਥਾਂ ਪ੍ਰਭੂ ਦਾ ਨਾਮ ਪੜ੍ਹੀਦਾ (ਭੀ) ਹੈ, ਸੁਣੀਦਾ (ਭੀ) ਹੈ ਤੇ ਵਿਚਾਰੀਦਾ (ਭੀ) ਹੈ (ਭਾਵ, ਸਭ ਜੀਵ ਪ੍ਰਭੂ ਦਾ ਨਾਮ ਪੜ੍ਹਦੇ ਹਨ, ਵਿਚਾਰਦੇ ਹਨ, ਸੁਣਦੇ ਹਨ; ਪਰ ਕਾਮਾਦਿਕਾਂ ਦੇ ਕਾਰਨ ਮਨ ਵਿਚ ਸਹਿਮ ਦੀ ਗੰਢ ਬਣੀ ਰਹਿਣ ਕਰਕੇ, ਇਹਨਾਂ ਦੇ ਅੰਦਰ} ਪ੍ਰਭੂ ਦਾ ਪਿਆਰ ਪੈਦਾ ਨਹੀਂ ਹੁੰਦਾ, ਪ੍ਰਭੂ ਦਾ ਦਰਸ਼ਨ ਨਹੀਂ ਹੁੰਦਾ;
41814	973	ਲੋਹਾ ਕੰਚਨੁ ਹਿਰਨ ਹੋਇ ਕੈਸੇ ਜਉ ਪਾਰਸਹਿ ਨ ਪਰਸੈ॥੧॥	(ਕੰਚਨੁ ਹਿਰਨ) ਬਾਰਾਂ ਵੰਨੀ ਦਾ ਸੋਨਾ	Lohaa Kanchan Hiran Hoe Kaisae Jo Paarasehi N Parasai ||1||	How can iron be transformed into gold, unless it touches the Philosopher's Stone? ||1||	(ਦਰਸ਼ਨ ਹੋਵੇ ਭੀ ਕਿਸ ਤਰ੍ਹਾਂ? ਕਾਮਾਦਿਕ ਦੇ ਕਾਰਨ, ਮਨ ਦੇ ਨਾਲ ਪ੍ਰਭੂ ਦੀ ਛੋਹ ਹੀ ਨਹੀਂ ਬਣਦੀ, ਤੇ) ਜਦ ਤਕ ਲੋਹਾ ਪਾਰਸ ਨਾਲ ਛੁਹੇ ਨਾਹ, ਤਦ ਤਕ ਇਹ ਸ਼ੁੱਧ ਸੋਨਾ ਕਿਵੇਂ ਬਣ ਸਕਦਾ ਹੈ? ॥੧॥

41815	974	ਦੇਵ ਸੰਸੈ ਗਾਂਠਿ ਨ ਛੂਟੈ॥		Dhaev Sansai Gaanth N Shhoottai ||	O Divine Lord, the knot of skepticism cannot be untied.	ਹੇ ਪ੍ਰਭੂ! (ਨਿਤਾਣੇ ਹੋ ਜਾਣ ਦੇ ਕਾਰਨ ਜੀਵਾਂ ਦੇ ਅੰਦਰੋਂ) ਸਹਿਮ ਦੀ ਗੰਢ ਨਹੀਂ ਖੁਲ੍ਹਦੀ।
41816	974	ਕਾਮ ਕ੍ਰੋਧ ਮਾਇਆ ਮਦ ਮਤਸਰ ਇਨ ਪੰਚਹੁ ਮਿਲਿ ਲੂਟੇ॥੧॥ਰਹਾਉ॥		Kaam Krodhh Maaeiaa Madh Mathasar Ein Panchahu Mil Loottae ||1|| Rehaao ||	Sexual desire, anger, Maya, intoxication and jealousy - these five have combined to plunder the world. ||1||Pause||	(ਕਿਉਂਕਿ) ਕਾਮ, ਕ੍ਰੋਧ, ਮਾਇਆ (ਦਾ ਮੋਹ), ਅਹੰਕਾਰ ਤੇ ਈਰਖਾ-ਸਾੜਾ-ਇਹਨਾਂ ਪੰਜਾਂ ਨੇ ਰਲ ਕੇ (ਸਭ ਜੀਵਾਂ ਦੇ ਆਤਮਕ ਗੁਣਾਂ ਨੂੰ) ਲੁੱਟ ਲਿਆ ਹੈ ॥੧॥ ਰਹਾਉ ॥
41817	974	ਹਮ ਬਡ ਕਬਿ ਕੁਲੀਨ ਹਮ ਪੰਡਿਤ ਹਮ ਜੋਗੀ ਸੰਨਿਆਸੀ॥	ਬੱਡ।ਕਬਿ: ਪੋਲਾ ਬੋਲੋ	Ham Badd Kab Kuleen Ham Panddith Ham Jogee Sanniaasee ||	I am a great poet, of noble heritage; I am a Pandit, a religious scholar, a Yogi and a Sannyaasi;	(ਕਾਮਾਦਿਕ ਦੀ ਲੁੱਟ ਦੇ ਕਾਰਨ, ਜੀਵਾਂ ਦੇ ਅੰਦਰੋਂ ਇਹ ਹੰਕਾਰ ਨਹੀਂ ਜਾਂਦਾ) ਕਿ ਅਸੀਂ ਬੜੇ ਕਵੀ ਹਾਂ, ਚੰਗੀ ਕੁਲ ਵਾਲੇ ਹਾਂ, ਵਿਦਵਾਨ ਹਾਂ, ਜੋਗੀ ਹਾਂ, ਸੰਨਿਆਸੀ ਹਾਂ,
41818	974	ਗਿਆਨੀ ਗੁਨੀ ਸੂਰ ਹਮ ਦਾਤੇ ਇਹ ਬੁਧਿ ਕਬਹਿ ਨ ਨਾਸੀ॥੨॥		Giaanee Gunee Soor Ham Dhaathae Eih Budhh Kabehi N Naasee ||2||	I am a spiritual teacher, a warrior and a giver - such thinking never ends. ||2||	ਗਿਆਨਵਾਨ ਹਾਂ, ਗੁਣਵਾਨ ਹਾਂ, ਸੂਰਮੇ ਹਾਂ ਜਾਂ ਦਾਤੇ ਹਾਂ; ਕਿਸੇ ਵੇਲੇ ਭੀ ਇਹ (ਬਣੀ ਹੋਈ) ਸਮਝ ਨਹੀਂ ਹਟਦੀ ਕਿ (ਜਿਹੜੇ ਭੀ ਪਾਸੇ ਪਏ ਉਸੇ ਦਾ ਹੀ ਮਾਣ ਹੋ ਗਿਆ) ॥੨॥
41819	974	ਕਹੁ ਰਵਿਦਾਸ ਸਭੈ ਨਹੀ ਸਮਝਸਿ ਭੂਲਿ ਪਰੇ ਜੈਸੇ ਬਉਰੇ॥		Kahu Ravidhaas Sabhai Nehee Samajhas Bhool Parae Jaisae Bourae ||	Says Ravi Daas, no one understands; they all run around, deluded like madmen.	ਰਵਿਦਾਸ ਆਖਦਾ ਹੈ- (ਜਿਨ੍ਹਾਂ ਨੂੰ ਕਾਮਾਦਿਕਾਂ ਨੇ ਲੁੱਟ ਲਿਆ ਹੈ, ਉਹ) ਸਾਰੇ ਹੀ ਕਮਲਿਆਂ ਵਾਂਗ ਗ਼ਲਤੀ ਖਾ ਰਹੇ ਹਨ ਤੇ (ਇਹ) ਨਹੀਂ ਸਮਝਦੇ (ਕਿ ਜ਼ਿੰਦਗੀ ਦਾ ਅਸਲ ਆਸਰਾ ਪ੍ਰਭੂ ਦਾ ਨਾਮ ਹੈ);

41820	974	ਮੋਹਿ ਅਧਾਰੁ ਨਾਮੁ ਨਾਰਾਇਨ ਜੀਵਨ ਪ੍ਰਾਨ ਧਨ ਮੋਰੇ॥੩॥੧॥		Mohi Adhhaar Naam Naaraaein Jeevan Praan Dhhan Morae ||3||1||	The Lord's Name is my only Support; He is my life, my breath of life, my wealth. ||3||1||	ਮੈਨੂੰ ਰਵਿਦਾਸ ਨੂੰ ਪਰਮਾਤਮਾ ਦਾ ਨਾਮ ਹੀ ਆਸਰਾ ਹੈ, ਨਾਮ ਹੀ ਮੇਰੀ ਜਿੰਦ ਹੈ, ਨਾਮ ਹੀ ਮੇਰੇ ਪ੍ਰਾਣ ਹਨ, ਨਾਮ ਹੀ ਮੇਰਾ ਧਨ ਹੈ ॥੩॥੧॥
41821	974	ਰਾਮਕਲੀ ਬਾਣੀ ਬੇਣੀ ਜੀਉ ਕੀ		Raamakalee Baanee Baenee Jeeo Kee	Raamkalee, The Word Of Baynee Jee:	ਰਾਗ ਰਾਮਕਲੀ ਵਿੱਚ ਭਗਤ ਬੇਣੀ ਜੀ ਦੀ ਬਾਣੀ।
41822	974	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
41823	974	ਇੜਾ ਪਿੰਗੁਲਾ ਅਉਰ ਸੁਖਮਨਾ ਤੀਨਿ ਬਸਹਿ ਇਕ ਠਾਈ॥		Eirraa Pingulaa Aour Sukhamanaa Theen Basehi Eik Thaaee ||	The energy channels of the Ida, Pingala and Shushmanaa: these three dwell in one place.	(ਜੋ ਮਨੁੱਖ ਗੁਰੂ ਦੀ ਕਿਰਪਾ ਨਾਲ ਉਸ ਮੇਲ-ਅਵਸਥਾ ਵਿਚ ਅੱਪੜਿਆ ਹੈ, ਉਸ ਦੇ ਵਾਸਤੇ) ਇੜਾ, ਪਿੰਗੁਲਾ ਤੇ ਸੁਖਮਨਾ ਤਿੰਨੇ ਹੀ ਇੱਕੋ ਥਾਂ ਵੱਸਦੀਆਂ ਹਨ,

41824	974	ਬੇਣੀ ਸੰਗਮੁ ਤਹ ਪਿਰਾਗੁ ਮਨੁ ਮਜਨੁ ਕਰੇ ਤਿਥਾਈ॥੧॥	(ਸੰਗਮੁ) ਤ੍ਰਿਬੈਣੀ, ਨਦੀ ਗੰਗਾ, ਜਮਨਾ, ਸੁਰਸਤੀ ਦਾ ਮੇਲ। (ਸੰਗਮ) ਭਗਤੀ, ਕਰਮ, ਗਿਆਨ ਦਾ ਮੇਲ	Baenee Sangam Theh Piraag Man Majan Karae Thithhaaee ||1||	This is the true place of confluence of the three sacred rivers: this is where my mind takes its cleansing bath. ||1||	ਤ੍ਰਿਬੇਣੀ ਸੰਗਮ ਪ੍ਰਯਾਗ ਤੀਰਥ ਭੀ (ਉਸ ਮਨੁੱਖ ਲਈ) ਉੱਥੇ ਵੱਸਦਾ ਹੈ। ਭਾਵ, ਉਸ ਮਨੁੱਖ ਨੂੰ ਇੜਾ ਪਿੰਗਲਾ ਸੁਖਮਨਾ ਦੇ ਅਭਿਆਸ ਦੀ ਲੋੜ ਨਹੀਂ ਰਹਿ ਜਾਂਦੀ; ਉਸ ਨੂੰ ਤ੍ਰਿਬੇਣੀ ਤੇ ਪ੍ਰਯਾਗ ਦੇ ਇਸ਼ਨਾਨ ਦੀ ਲੋੜ ਨਹੀਂ ਰਹਿੰਦੀ। (ਉਸ ਮਨੁੱਖ ਦਾ) ਮਨ ਪ੍ਰਭੂ ਦੇ (ਮਿਲਾਪ-ਰੂਪ ਤ੍ਰਿਬੇਣੀ ਵਿਚ) ਇਸ਼ਨਾਨ ਕਰਦਾ ਹੈ ॥੧॥
41825	974	ਸੰਤਹੁ ਤਹਾ ਨਿਰੰਜਨ ਰਾਮੁ ਹੈ॥		Santhahu Thehaa Niranjan Raam Hai ||	O Saints, the Immaculate Lord dwells there;	ਹੇ ਸੰਤ ਜਨੋ! ਮਾਇਆ-ਰਹਿਤ ਰਾਮ ਉਸ ਅਵਸਥਾ ਵਿਚ (ਮਨੁੱਖ ਦੇ ਮਨ ਵਿਚ) ਵੱਸਦਾ ਹੈ,
41826	974	ਗੁਰ ਗਮਿ ਚੀਨੈ ਬਿਰਲਾ ਕੋਇ॥	ਗੁਰੂ ਕੀ ਬਖ਼ਸ਼ੀ (ਗਮਿ) ਗੰਮਤਾ ਕਰਕੇ	Gur Gam Cheenai Biralaa Koe ||	How rare are those who go to the Guru, and understand this.	ਜਿਸ ਅਵਸਥਾ ਨਾਲ ਸਾਂਝ ਕੋਈ ਵਿਰਲਾ ਮਨੁੱਖ ਸਤਿਗੁਰੂ ਦੀ ਸਰਨ ਪੈ ਕੇ ਬਣਾਂਦਾ ਹੈ।
41827	974	ਤਹਾਂ ਨਿਰੰਜਨੁ ਰਮਈਆ ਹੋਇ॥੧॥ਰਹਾਉ॥	ਰ-ਮਈਆ	Thehaan Niranjan Rameeaa Hoe ||1|| Rehaao ||	The all-pervading immaculate Lord is there. ||1||Pause||	ਉੱਥੇ (ਉਸ ਅਵੱਸਥਾ ਵਿੱਚ) ਨਿਰੰਜਨ ਸੋਹਣਾ ਰਾਮ ਪਰਗਟ ਹੁੰਦਾ ਹੈ ॥੧॥ ਰਹਾਉ ॥

41828	974	ਦੇਵ ਸਥਾਨੈ ਕਿਆ ਨੀਸਾਣੀ॥	(ਦੇਵ) ਪਰਮਪੂਜਨੀਕ, ਪ੍ਰਕਾਸ਼ ਸਰੂਪ ਅਕਾਲ ਪਿਤਾ ਜੀ। ਦੇ (ਸਥਾਨੈ) ਅਸਥਾਨ ਚ ਵਸਣ ਦੀ। (ਦੂਜਾ ਪਾਠ: ਦੇਵਸਥਾਨੈ)	Dhaev Sathhaanai Kiaa Neesaanee ||	What is the insignia of the Divine Lord's dwelling?	(ਜੇ ਕੋਈ ਪੁੱਛੇ ਕਿ) ਜਿਸ ਅਵਸਥਾ ਵਿਚ ਪ੍ਰਭੂ (ਮਨ ਦੇ ਅੰਦਰ) ਆ ਟਿਕਦਾ ਹੈ, ਉਸ ਦੀਆਂ ਨਿਸ਼ਾਨੀਆਂ ਕੀਹ ਹਨ (ਤਾਂ ਉੱਤਰ ਇਹ ਹੈ ਕਿ)
41829	974	ਤਹ ਬਾਜੇ ਸਬਦ ਅਨਾਹਦ ਬਾਣੀ॥		Theh Baajae Sabadh Anaahadh Baanee ||	The unstruck sound current of the Shabad vibrates there.	ਉਸ ਅਵਸਥਾ ਵਿਚ ਸਤਿਗੁਰੂ ਦਾ ਸ਼ਬਦ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ (ਮਨੁੱਖ ਦੇ ਹਿਰਦੇ ਵਿਚ) ਹੁਲਾਰਾ ਪੈਦਾ ਕਰਦੇ ਹਨ;
41830	974	ਤਹ ਚੰਦੁ ਨ ਸੂਰਜੁ ਪਉਣੁ ਨ ਪਾਣੀ॥		Theh Chandh N Sooraj Poun N Paanee ||	There is no moon or sun, no air or water there.	(ਜਗਤ ਦੇ ਹਨੇਰੇ ਨੂੰ ਦੂਰ ਕਰਨ ਲਈ) ਚੰਦ ਤੇ ਸੂਰਜ (ਉਤਨੇ ਸਮਰੱਥ) ਨਹੀਂ (ਜਿਤਨਾ ਉਹ ਹੁਲਾਰਾ ਮਨ ਦੇ ਹਨੇਰੇ ਨੂੰ ਦੂਰ ਕਰਨ ਲਈ ਹੁੰਦਾ ਹੈ), ਪਉਣ ਪਾਣੀ (ਆਦਿਕ ਤੱਤ ਜਗਤ ਨੂੰ ਉਤਨਾ ਸੁਖ) ਨਹੀਂ (ਦੇ ਸਕਦੇ, ਜਿਤਨਾ ਸੁਖ ਇਹ ਹੁਲਾਰਾ ਮਨੁੱਖ ਦੇ ਮਨ ਨੂੰ ਦੇਂਦਾ ਹੈ);
41831	974	ਸਾਖੀ ਜਾਗੀ ਗੁਰਮੁਖਿ ਜਾਣੀ॥੨॥		Saakhee Jaagee Guramukh Jaanee ||2||	The Gurmukh becomes aware, and knows the Teachings. ||2||	ਮਨੁੱਖ ਦੀ ਸੁਰਤ ਗੁਰੂ ਦੀ ਸਿੱਖਿਆ ਨਾਲ ਜਾਗ ਪੈਂਦੀ ਹੈ, ਗੁਰੂ ਦੀ ਰਾਹੀਂ ਸੂਝ ਪੈ ਜਾਂਦੀ ਹੈ ॥੨॥

41832	974	ਉਪਜੈ ਗਿਆਨੁ ਦੁਰਮਤਿ ਛੀਜੈ॥		Oupajai Giaan Dhuramath Shheejai ||	Spiritual wisdom wells up, and evil-mindedness departs;	(ਪ੍ਰਭੂ-ਮਿਲਾਪ ਵਾਲੀ ਅਵਸਥਾ ਵਿਚ ਮਨੁੱਖ ਦੀ) ਪ੍ਰਭੂ ਨਾਲ ਡੂੰਘੀ ਜਾਣ-ਪਛਾਣ ਹੋ ਜਾਂਦੀ ਹੈ। ਮੰਦੀ ਮੱਤ ਨਾਸ ਹੋ ਜਾਂਦੀ ਹੈ;
41833	974	ਅੰਮ੍ਰਿਤ ਰਸਿ ਗਗਨੰਤਰਿ ਭੀਜੈ॥		Anmrith Ras Gagananthar Bheejai ||	The nucleus of the mind sky is drenched with Ambrosial Nectar.	ਉੱਚੀ ਉਡਾਰੀ ਵਿਚ (ਅੱਪੜਿਆ ਹੋਇਆ ਮਨ) ਨਾਮ-ਅੰਮ੍ਰਿਤ ਦੇ ਰਸ ਨਾਲ ਰਸ ਜਾਂਦਾ ਹੈ;
41834	974	ਏਸੁ ਕਲਾ ਜੋ ਜਾਣੈ ਭੇਉ॥		Eaes Kalaa Jo Jaanai Bhaeo ||	One who knows the secret of this device,	ਜੋ ਮਨੁੱਖ ਇਸ (ਅਵਸਥਾ ਵਿਚ ਅੱਪੜ ਸਕਣ ਵਾਲੇ) ਹੁਨਰ ਦਾ ਭੇਦ ਜਾਣ ਲੈਂਦਾ ਹੈ,
41835	974	ਭੇਟੈ ਤਾਸੁ ਪਰਮ ਗੁਰਦੇਉ॥੩॥		Bhaettai Thaas Param Guradhaeo ||3||	Meets the Supreme Divine Guru. ||3||	ਉਸ ਨੂੰ ਅਕਾਲ ਪੁਰਖ ਮਿਲ ਪੈਂਦਾ ਹੈ ॥੩॥
41836	974	ਦਸਮਦੁਆਰਾ ਅਗਮ ਅਪਾਰਾ ਪਰਮ ਪੁਰਖ ਕੀ ਘਾਟੀ॥	ਅ-ਗਮ: ਪੋਲਾ ਬੋਲੋ। (ਅਗਮ) ਸੋਗ ਰਹਿਤ	Dhasam Dhuaaraa Agam Apaaraa Param Purakh Kee Ghaattee ||	The Tenth Gate is the home of the inaccessible, infinite Supreme Lord.	ਅਪਹੁੰਚ, ਬੇਅੰਤ ਤੇ ਪਰਮ ਪੁਰਖ ਪ੍ਰਭੂ ਦੇ ਪਰਗਟ ਹੋਣ ਦਾ ਟਿਕਾਣਾ (ਮਨੁੱਖਾ ਸਰੀਰ ਦਾ ਦਿਮਾਗ਼-ਰੂਪ) ਦਸਵਾਂ ਬੂਹਾ ਹੈ;
41837	974	ਊਪਰਿ ਹਾਟੁ ਹਾਟ ਪਰਿ ਆਲਾ ਆਲੇ ਭੀਤਰਿ ਥਾਤੀ॥੪॥	ਥੱਾਤੀ	Oopar Haatt Haatt Par Aalaa Aalae Bheethar Thhaathee ||4||	Above the store is a niche, and within this niche is the commodity. ||4||	ਸਰੀਰ ਦੇ ਉਤਲੇ ਹਿੱਸੇ ਵਿਚ (ਸਿਰ, ਮਾਨੋ) ਇਕ ਹੱਟ ਹੈ, ਉਸ ਹੱਟ ਵਿਚ (ਦਿਮਾਗ਼, ਮਾਨੋ) ਇਕ ਆਲਾ ਹੈ, ਇਸ ਆਲੇ ਦੀ ਰਾਹੀਂ ਪ੍ਰਭੂ ਦਾ ਪ੍ਰਕਾਸ਼ ਹੁੰਦਾ ਹੈ ॥੪॥

41838	974	ਜਾਗਤੁ ਰਹੈ ਸੁ ਕਬਹੁ ਨ ਸੋਵੈ॥		Jaagath Rehai S Kabahu N Sovai ||	One who remains awake, never sleeps.	(ਜਿਸ ਦੇ ਅੰਦਰ ਪਰਮਾਤਮਾ ਪਰਗਟ ਹੋ ਪਿਆ) ਉਹ ਸਦਾ ਜਾਗਦਾ ਰਹਿੰਦਾ ਹੈ (ਸੁਚੇਤ ਰਹਿੰਦਾ ਹੈ), (ਮਾਇਆ ਦੀ ਨੀਂਦ ਵਿਚ) ਕਦੇ ਸਉਂਦਾ ਨਹੀਂ;
41839	974	ਤੀਨਿ ਤਿਲੋਕ ਸਮਾਧਿ ਪਲੋਵੈ॥		Theen Thilok Samaadhh Palovai ||	The three qualities and the three worlds vanish, in the state of Samaadhi.	ਉਹ ਇਕ ਐਸੀ ਸਮਾਧੀ ਵਿਚ ਟਿਕਿਆ ਰਹਿੰਦਾ ਹੈ ਜਿਥੋਂ ਮਾਇਆ ਦੇ ਤਿੰਨੇ ਗੁਣ ਤੇ ਤਿੰਨਾਂ ਲੋਕਾਂ ਦੀ ਮਾਇਆ ਪਰੇ ਹੀ ਰਹਿੰਦੇ ਹਨ;
41840	974	ਬੀਜ ਮੰਤ੍ਰੁ ਲੈ ਹਿਰਦੈ ਰਹੈ॥		Beej Manthra Lai Hiradhai Rehai ||	He takes the Beej Mantra, the Seed Mantra, and keeps it in his heart.	ਉਹ ਮਨੁੱਖ ਪ੍ਰਭੂ ਦਾ ਨਾਮ ਮੰਤ੍ਰ ਆਪਣੇ ਹਿਰਦੇ ਵਿਚ ਟਿਕਾ ਰੱਖਦਾ ਹੈ,
41841	974	ਮਨੂਆ ਉਲਟਿ ਸੁੰਨ ਮਹਿ ਗਹੈ॥੫॥		Manooaa Oulatt Sunn Mehi Gehai ||5||	Turning his mind away from the world, he focuses on the cosmic void of the absolute Lord. ||5||	(ਜਿਸ ਦੀ ਬਰਕਤਿ ਨਾਲ) ਉਸ ਦਾ ਮਨ ਮਾਇਆ ਵਲੋਂ ਪਰਤ ਕੇ (ਸੁਚੇਤ ਰਹਿੰਦਾ ਹੈ), ਉਸ ਅਵਸਥਾ ਵਿਚ ਟਿਕਾਣਾ ਪਕੜਦਾ ਹੈ ਜਿਥੇ ਕੋਈ ਫੁਰਨਾ ਨਹੀਂ ਉਠਦਾ ॥੫॥
41842	974	ਜਾਗਤੁ ਰਹੈ ਨ ਅਲੀਆ ਭਾਖੈ॥	(ਅਲੀਆ) ਝੂਠ	Jaagath Rehai N Aleeaa Bhaakhai ||	He remains awake, and he does not lie.	ਉਹ ਮਨੁੱਖ ਸਦਾ ਜਾਗਦਾ ਹੈ, (ਸੁਚੇਤ ਰਹਿੰਦਾ ਹੈ), ਕਦੇ ਝੂਠ ਨਹੀਂ ਬੋਲਦਾ;
41843	974	ਪਾਚਉ ਇੰਦ੍ਰੀ ਬਸਿ ਕਰਿ ਰਾਖੈ॥		Paacho Eindhree Bas Kar Raakhai ||	He keeps the five sensory organs under his control.	ਪੰਜਾਂ ਹੀ ਇੰਦ੍ਰਿਆਂ ਨੂੰ ਆਪਣੇ ਕਾਬੂ ਵਿਚ ਰੱਖਦਾ ਹੈ,

41844	974	ਗੁਰ ਕੀ ਸਾਖੀ ਰਾਖੈ ਚੀਤਿ॥		Gur Kee Saakhee Raakhai Cheeth ||	He cherishes in his consciousness the Guru's Teachings.	ਸਤਿਗੁਰੂ ਦਾ ਉਪਦੇਸ਼ ਆਪਣੇ ਮਨ ਵਿਚ ਸਾਂਭ ਕੇ ਰੱਖਦਾ ਹੈ,
41845	974	ਮਨੁ ਤਨੁ ਅਰਪੈ ਕ੍ਰਿਸਨ ਪਰੀਤਿ॥੬॥		Man Than Arapai Kirasan Pareeth ||6||	He dedicates his mind and body to the Lord's Love. ||6||	ਆਪਣਾ ਮਨ, ਆਪਣਾ ਸਰੀਰ ਪ੍ਰਭੂ ਦੇ ਪਿਆਰ ਤੋਂ ਸਦਕੇ ਕਰਦਾ ਹੈ ॥੬॥
41846	974	ਕਰ ਪਲਵ ਸਾਖਾ ਬੀਚਾਰੇ॥	ਪੱਲਵ	Kar Palav Saakhaa Beechaarae ||	He considers his hands to be the leaves and branches of the tree.	ਉਹ ਮਨੁੱਖ (ਜਗਤ ਨੂੰ) ਹੱਥ (ਦੀਆਂ ਉੱਗਲਾਂ, ਰੁੱਖ ਦੀਆਂ) ਟਹਿਣੀਆਂ ਤੇ ਪੱਤਰ ਸਮਝਦਾ ਹੈ।
41847	974	ਅਪਨਾ ਜਨਮੁ ਨ ਜੂਐ ਹਾਰੇ॥		Apanaa Janam N Jooai Haarae ||	He does not lose his life in the gamble.	(ਇਸ ਵਾਸਤੇ ਮੂਲ ਪ੍ਰਭੂ ਨੂੰ ਛੱਡ ਕੇ ਇਸ ਖਿਲਾਰੇ ਵਿਚ ਰੁੱਝ ਕੇ) ਆਪਣੀ ਜ਼ਿੰਦਗੀ ਜੂਏ ਦੀ ਖੇਡ ਵਿਚ ਨਹੀਂ ਗਵਾਉਂਦਾ;
41848	974	ਅਸੁਰ ਨਦੀ ਕਾ ਬੰਧੈ ਮੂਲੁ॥	ਅ-ਸੁਰ	Asur Nadhee Kaa Bandhhai Mool ||	He plugs up the source of the river of evil tendencies.	ਵਿਕਾਰਾਂ ਦੀ ਨੀਂਦ ਦਾ ਸੋਮਾ ਹੀ ਬੰਦ ਕਰ ਦੇਂਦਾ ਹੈ,
41849	974	ਪਛਿਮ ਫੇਰਿ ਚੜਾਵੈ ਸੂਰੁ॥	ਚੜ੍ਹਾਵੈ	Pashhim Faer Charraavai Soor ||	Turning away from the west, he makes the sun rise in the east.	ਮਨ ਨੂੰ ਅਗਿਆਨਤਾ ਦੇ ਹਨੇਰੇ ਵਲੋਂ ਪਰਤਾ ਕੇ (ਇਸ ਵਿਚ ਗਿਆਨ ਦਾ) ਸੂਰਜ ਚੜ੍ਹਾਉਂਦਾ ਹੈ;
41850	974	ਅਜਰੁ ਜਰੈ ਸੁ ਨਿਝਰੁ ਝਰੈ॥	ਅ-ਜਰੁ। ਨਿੱਝਰੁ	Ajar Jarai S Nijhar Jharai ||	He bears the unbearable, and the drops trickle down within;	(ਉਸ ਦੇ ਅੰਦਰ ਮਿਲਾਪ ਦਾ) ਇਕ ਚਸ਼ਮਾ ਫੁੱਟ ਪੈਂਦਾ ਹੈ। (ਉਹ ਇਕ ਐਸੀ ਮੌਜ) ਮਾਣਦਾ ਹੈ, ਜਿਸ ਨੂੰ ਕਦੇ ਬੁਢੇਪਾ ਨਹੀਂ (ਭਾਵ, ਜੋ ਕਦੇ ਮੁੱਕਦੀ ਨਹੀਂ)।

41851	974	ਜਗੰਨਾਥ ਸਿਉ ਗੋਸਟਿ ਕਰੈ॥੭॥		Jagannaathh Sio Gosatt Karai ||7||	Then, he speaks with the Lord of the world. ||7||	(ਉਹ ਸਦਾ ਲਈ) ਪਰਮਾਤਮਾ ਨਾਲ ਮੇਲ ਕਰ ਲੈਂਦਾ ਹੈ ॥੭॥
41852	974	ਚਉਮੁਖ ਦੀਵਾ ਜੋਤਿ ਦੁਆਰ॥		Choumukh Dheevaa Joth Dhuaar ||	The four-sided lamp illuminates the Tenth Gate.	ਪ੍ਰਭੂ ਦੀ ਜੋਤਿ ਦੁਆਰਾ ਉਸ ਦੇ ਅੰਦਰ (ਮਾਨੋ) ਚਾਰ ਮੂੰਹਾਂ ਵਾਲਾ ਦੀਵਾ ਜਗ ਪੈਂਦਾ ਹੈ (ਜਿਸ ਕਰਕੇ ਹਰ ਪਾਸੇ ਚਾਨਣ ਹੀ ਚਾਨਣ ਰਹਿੰਦਾ ਹੈ);
41853	974	ਪਲੂ ਅਨਤ ਮੂਲੁ ਬਿਚਕਾਰਿ॥	ਪਲੂ: ਪੋਲਾ ਬੋਲੋ	Paloo Anath Mool Bichakaar ||	The Primal Lord is at the center of the countless leaves.	(ਉਸ ਦੇ ਅੰਦਰ, ਮਾਨੋ, ਇਕ ਐਸਾ ਫੁੱਲ ਖਿੜ ਪੈਂਦਾ ਹੈ, ਜਿਸ ਦੇ) ਵਿਚਕਾਰ ਪ੍ਰਭੂ-ਰੂਪ ਮਕਰੰਦ ਹੁੰਦਾ ਹੈ ਤੇ ਉਸ ਦੀਆਂ ਬੇਅੰਤ ਪੱਤੀਆਂ ਹੁੰਦੀਆਂ ਹਨ।
41854	974	ਸਰਬ ਕਲਾ ਲੇ ਆਪੇ ਰਹੈ॥		Sarab Kalaa Lae Aapae Rehai ||	He Himself abides there with all His powers.	(ਅਨੰਤ ਰਚਨਾ ਵਾਲਾ ਪ੍ਰਭੂ ਉਸ ਦੇ ਅੰਦਰ ਪਰਗਟ ਹੋ ਪੈਂਦਾ ਹੈ) ਉਹ ਮਨੁੱਖ ਸਾਰੀਆਂ ਤਾਕਤਾਂ ਦੇ ਮਾਲਕ ਪ੍ਰਭੂ ਨੂੰ ਆਪਣੇ ਅੰਦਰ ਵਸਾ ਲੈਂਦਾ ਹੈ।
41855	974	ਮਨੁ ਮਾਣਕੁ ਰਤਨਾ ਮਹਿ ਗੁਹੈ॥੮॥		Man Maanak Rathanaa Mehi Guhai ||8||	He weaves the jewels into the pearl of the mind. ||8||	ਉਸ ਦਾ ਮਨ ਮੋਤੀ (ਬਣ ਕੇ ਪ੍ਰਭੂ ਦੇ ਗੁਣ ਰੂਪ) ਰਤਨਾਂ ਵਿਚ ਜੁੜਿਆ ਰਹਿੰਦਾ ਹੈ ॥੮॥
41856	974	ਮਸਤਕਿ ਪਦਮੁ ਦੁਆਲੈ ਮਣੀ॥		Masathak Padham Dhuaalai Manee ||	The lotus is at the forehead, and the jewels surround it.	(ਉਸ ਦੀ ਬਰਕਤਿ ਨਾਲ) ਉਸ ਦੇ ਮੱਥੇ ਉੱਤੇ (ਮਾਨੋ) ਕਉਲ ਫੁੱਲ (ਖਿੜ ਪੈਂਦਾ ਹੈ, ਤੇ) ਉਸ ਫੁੱਲ ਦੇ ਚਾਰ ਚੁਫੇਰੇ ਹੀਰੇ (ਪਰੋਤੇ ਜਾਂਦੇ ਹਨ);

41857	974	ਮਾਹਿ ਨਿਰੰਜਨੁ ਤ੍ਰਿਭਵਣ ਧਣੀ॥		Maahi Niranjan Thribhavan Dhhanee ||	Within it is the Immaculate Lord, the Master of the three worlds.	ਉਸ ਬੰਦੇ ਦੇ ਧੁਰ ਅੰਦਰ ਤ੍ਰਿਲੋਕੀ ਦਾ ਮਾਲਕ ਪ੍ਰਭੂ ਆ ਟਿਕਦਾ ਹੈ।
41858	974	ਪੰਚ ਸਬਦ ਨਿਰਮਾਇਲ ਬਾਜੇ॥		Panch Sabadh Niramaaeil Baajae ||	The Panch Shabad, the five primal sounds, resound and vibrate their in their purity.	(ਉਸ ਦੇ ਅੰਦਰ ਮਾਨੋ ਇਕ ਐਸਾ ਸੁੰਦਰ ਰਾਗ ਹੁੰਦਾ ਹੈ ਕਿ (ਪੰਜੇ ਹੀ ਕਿਸਮਾਂ ਦੇ ਸੋਹਣੇ ਸਾਜ ਵੱਜ ਪੈਂਦੇ ਹਨ,
41859	974	ਢੁਲਕੇ ਚਵਰ ਸੰਖ ਘਨ ਗਾਜੇ॥		Dtulakae Chavar Sankh Ghan Gaajae ||	The chauris - the fly brushes wave, and the conch shells blare like thunder.	ਬੜੇ ਸੰਖ ਵੱਜਣ ਲੱਗ ਪੈਂਦੇ ਹਨ, ਉਸ ਉਤੇ ਚੌਰ ਝੁੱਲ ਪੈਂਦਾ ਹੈ (ਭਾਵ, ਉਸ ਦਾ ਮਨ ਸ਼ਾਹਨਸ਼ਾਹਾਂ ਦਾ ਸ਼ਾਹ ਬਣ ਜਾਂਦਾ ਹੈ)।
41860	974	ਦਲਿ ਮਲਿ ਦੈਤਹੁ ਗੁਰਮੁਖਿ ਗਿਆਨੁ॥	ਦੈਂਤਹੁ	Dhal Mal Dhaithahu Guramukh Giaan ||	The Gurmukh tramples the demons underfoot with his spiritual wisdom.	ਸਤਿਗੁਰੂ ਤੋਂ ਮਿਲਿਆ ਹੋਇਆ ਪ੍ਰਭੂ ਦੇ ਨਾਮ ਦਾ ਇਹ ਚਾਨਣ ਕਾਮਾਦਿਕ ਵਿਕਾਰਾਂ ਨੂੰ ਮਾਰ ਮੁਕਾਂਦਾ ਹੈ।
41861	974	ਬੇਣੀ ਜਾਚੈ ਤੇਰਾ ਨਾਮੁ॥੯॥੧॥		Baenee Jaachai Thaeraa Naam ||9||1||	Baynee longs for Your Name, Lord. ||9||1||	ਹੇ ਪ੍ਰਭੂ! (ਤੇਰਾ ਦਾਸ) ਬੇਣੀ (ਭੀ ਤੇਰੇ ਦਰ ਤੋਂ) (ਇਹ) ਨਾਮ ਹੀ ਮੰਗਦਾ ਹੈ ॥੯॥੧॥
41862	975	ਰਾਗੁ ਨਟ ਨਾਰਾਇਨ ਮਹਲਾ ੪	ਨਟ: ਪੋਲਾ ਬੋਲੋ	Raag Natt Naaraaein Mehalaa 4	Raag Nat Naaraayan, Fourth Mehl:	ਰਾਗ ਨਟ-ਨਾਰਾਇਨ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।

41863	975	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
41864	975	ਮੇਰੇ ਮਨ ਜਪਿ ਅਹਿ ਨਿਸਿ ਨਾਮੁ ਹਰੇ॥		Maerae Man Jap Ahinis Naam Harae ||	O my mind, chant the Name of the Lord, day and night.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਦਿਨ ਰਾਤ (ਸਦਾ) ਜਪਿਆ ਕਰ।
41865	975	ਕੋਟਿ ਕੋਟਿ ਦੋਖ ਬਹੁ ਕੀਨੇ ਸਭ ਪਰਹਰਿ ਪਾਸਿ ਧਰੇ॥੧॥ਰਹਾਉ॥		Kott Kott Dhokh Bahu Keenae Sabh Parehar Paas Dhharae ||1|| Rehaao ||	Millions and millions of sins and mistakes, committed through countless lifetimes, shall all be put aside and sent away. ||1||Pause||	ਜੇ ਅਨੇਕਾਂ ਤੇ ਕ੍ਰੋੜਾਂ ਪਾਪ ਭੀ ਕੀਤੇ ਹੋਏ ਹੋਣ, ਤਾਂ (ਪਰਮਾਤਮਾ ਦਾ ਨਾਮ) ਸਭਨਾਂ ਨੂੰ ਦੂਰ ਕਰ ਕੇ (ਮਨੁੱਖ ਦੇ ਹਿਰਦੇ ਵਿਚੋਂ) ਲਾਂਭੇ ਸੁੱਟ ਦੇਂਦਾ ਹੈ ॥੧॥ ਰਹਾਉ ॥

41866	975	ਹਰਿ ਹਰਿ ਨਾਮੁ ਜਪਹਿ ਆਰਾਧਹਿ ਸੇਵਕ ਭਾਇ ਖਰੇ॥		Har Har Naam Japehi Aaraadhhehi Saevak Bhaae Kharae ||	Those who chant the Name of the Lord, Har, Har, and worship Him in adoration, and serve Him with love, are genuine.	ਹੇ ਮੇਰੇ ਮਨ! ਜਿਹੜੇ ਮਨੁੱਖ ਸੇਵਕ-ਭਾਵਨਾ ਨਾਲ ਪਰਮਾਤਮਾ ਦਾ ਨਾਮ ਜਪਦੇ ਆਰਾਧਦੇ ਹਨ, ਉਹ ਸੁੱਚੇ ਜੀਵਨ ਵਾਲੇ ਬਣ ਜਾਂਦੇ ਹਨ।
41867	975	ਕਿਲਬਿਖ ਦੋਖ ਗਏ ਸਭ ਨੀਕਰਿ ਜਿਉ ਪਾਨੀ ਮੈਲੁ ਹਰੇ॥੧॥	(ਨੀਕਰਿ) ਨਿਕਲ ਗਏ	Kilabikh Dhokh Geae Sabh Neekar Jio Paanee Mail Harae ||1||	All their sins are erased, just as water washes off the dirt. ||1||	(ਜਿਹੜਾ ਪ੍ਰਾਣੀ ਨਾਮ ਜਪਦਾ ਹੈ ਉਸ ਦੇ ਅੰਦਰੋਂ) ਸਾਰੇ ਵਿਕਾਰ ਸਾਰੇ ਪਾਪ (ਇਉਂ) ਨਿਕਲ ਜਾਂਦੇ ਹਨ, ਜਿਵੇਂ ਪਾਣੀ (ਕੱਪੜਿਆਂ ਦੀ) ਮੈਲ ਦੂਰ ਕਰ ਦੇਂਦਾ ਹੈ ॥੧॥
41868	975	ਖਿਨੁ ਖਿਨੁ ਨਰੁ ਨਾਰਾਇਨੁ ਗਾਵਹਿ ਮੁਖਿ ਬੋਲਹਿ ਨਰ ਨਰਹਰੇ॥		Khin Khin Nar Naaraaein Gaavehi Mukh Bolehi Nar Nareharae ||	That being, who sings the Lord's Praises each and every instant, chants with his mouth the Name of the Lord.	ਹੇ ਮੇਰੇ ਮਨ! (ਜਿਹੜੇ ਮਨੁੱਖ) ਹਰ ਖਿਨ (ਹਰ ਵੇਲੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਹਨ ਮੂੰਹੋਂ ਪਰਮਾਤਮਾ ਦਾ ਨਾਮ ਉਚਾਰਦੇ ਰਹਿੰਦੇ ਹਨ,
41869	975	ਪੰਚ ਦੋਖ ਅਸਾਧ ਨਗਰ ਮਹਿ ਇਕੁ ਖਿਨੁ ਪਲੁ ਦੂਰਿ ਕਰੇ॥੨॥	ਨੱਗਰ	Panch Dhokh Asaadhh Nagar Mehi Eik Khin Pal Dhoor Karae ||2||	In a moment, in an instant, the Lord rids him of the five incurable diseases of the body-village. ||2||	(ਕਾਮਾਦਿਕ) ਪੰਜ ਵਿਕਾਰ ਜੋ ਕਾਬੂ ਵਿਚ ਨਹੀਂ ਆ ਸਕਦੇ ਤੇ ਜੋ (ਆਮ ਤੌਰ ਤੇ ਜੀਵਾਂ ਦੇ) ਸਰੀਰ ਵਿਚ (ਟਿਕੇ ਰਹਿੰਦੇ ਹਨ), (ਪਰਮਾਤਮਾ ਦਾ ਨਾਮ ਉਹਨਾਂ ਦੇ ਸਰੀਰ ਵਿਚੋਂ) ਇਕ ਖਿਨ-ਪਲ ਵਿਚ ਹੀ ਦੂਰ ਕਰ ਦੇਂਦਾ ਹੈ ॥੨॥

41870	975	ਵਡਭਾਗੀ ਹਰਿ ਨਾਮੁ ਧਿਆਵਹਿ ਹਰਿ ਕੇ ਭਗਤ ਹਰੇ॥		Vaddabhaagee Har Naam Dhhiaavehi Har Kae Bhagath Harae ||	Very fortunate are those who meditate on the Lord's Name; they alone are the Lord's devotees.	ਹੇ ਮੇਰੇ ਮਨ! ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ ਵੱਡੇ ਭਾਗਾਂ ਵਾਲੇ ਬੰਦੇ ਪਰਮਾਤਮਾ ਦਾ ਨਾਮ (ਹਰ ਵੇਲੇ) ਸਿਮਰਦੇ ਰਹਿੰਦੇ ਹਨ।
41871	975	ਤਿਨ ਕੀ ਸੰਗਤਿ ਦੇਹਿ ਪ੍ਰਭ ਜਾਚਉ ਮੈ ਮੂੜ ਮੁਗਧ ਨਿਸਤਰੇ॥੩॥		Thin Kee Sangath Dhaehi Prabh Jaacho Mai Moorr Mugadhh Nisatharae ||3||	I beg for the Sangat, the Congregation; O God, please bless me with them. I am a fool, and an idiot - please save me! ||3||	ਹੇ ਪ੍ਰਭੂ! ਇਹੋ ਜਿਹੇ ਭਗਤਾਂ ਦੀ ਸੰਗਤ ਮੈਨੂੰ ਬਖ਼ਸ਼! ਮੇਰੇ ਵਰਗੇ ਅਨੇਕਾਂ ਮੂਰਖ (ਉਹਨਾਂ ਦੀ ਸੰਗਤ ਵਿਚ ਰਹਿ ਕੇ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ ॥੩॥
41872	975	ਕ੍ਰਿਪਾ ਕ੍ਰਿਪਾ ਧਾਰਿ ਜਗਜੀਵਨ ਰਖਿ ਲੇਵਹੁ ਸਰਨਿ ਪਰੇ॥	ਜੱਗਜੀਵਨ	Kirapaa Kirapaa Dhhaar Jagajeevan Rakh Laevahu Saran Parae ||	Shower me with Your Mercy and Grace, O Life of the World; save me, I seek Your Sanctuary.	ਹੇ ਜਗਤ ਦੇ ਆਸਰੇ ਪ੍ਰਭੂ! ਮਿਹਰ ਕਰ, ਮਿਹਰ ਕਰ ਮੈਂ ਤੇਰੀ ਸਰਨ ਪਿਆ ਹਾਂ, ਮੈਨੂੰ (ਇਹਨਾਂ ਪੰਜਾਂ ਤੋਂ) ਬਚਾ ਲੈ।
41873	975	ਨਾਨਕੁ ਜਨੁ ਤੁਮਰੀ ਸਰਨਾਈ ਹਰਿ ਰਾਖਹੁ ਲਾਜ ਹਰੇ॥੪॥੧॥		Naanak Jan Thumaree Saranaaee Har Raakhahu Laaj Harae ||4||1||	Servant Nanak has entered Your Sanctuary; O Lord, please preserve my honor! ||4||1||	ਹੇ ਹਰੀ! ਤੇਰਾ ਦਾਸ ਨਾਨਕ ਤੇਰੀ ਸਰਨ ਆਇਆ ਹੈ (ਨਾਨਕ ਦੀ) ਇੱਜ਼ਤ ਰੱਖ ਲੈ ॥੪॥੧॥
41874	975	ਨਟ ਮਹਲਾ ੪॥		Natt Mehalaa 4 ||	Nat, Fourth Mehl:	
41875	975	ਰਾਮ ਜਪਿ ਜਨ ਰਾਮੈ ਨਾਮਿ ਰਲੇ॥		Raam Jap Jan Raamai Naam Ralae ||	Meditating on the Lord, His humble servants are blended with the Lord's Name.	ਪਰਮਾਤਮਾ ਦਾ ਨਾਮ ਜਪ ਕੇ ਪਰਮਾਤਮਾ ਦੇ ਸੇਵਕ ਪਰਮਾਤਮਾ ਦੇ ਨਾਮ ਵਿਚ ਹੀ ਲੀਨ ਹੋ ਜਾਂਦੇ ਹਨ।

41876	975	ਰਾਮ ਨਾਮੁ ਜਪਿਓ ਗੁਰ ਬਚਨੀ ਹਰਿ ਧਾਰੀ ਹਰਿ ਕ੍ਰਿਪਲੇ॥੧॥ਰਹਾਉ॥		Raam Naam Japiou Gur Bachanee Har Dhhaaree Har Kirapalae ||1|| Rehaao ||	Chanting the Lord's Name, following the Guru's Teachings, the Lord showers His Mercy upon them. ||1||Pause||	(ਪਰ) ਗੁਰੂ ਦੇ ਬਚਨਾਂ ਉਤੇ ਤੁਰ ਕੇ ਪਰਮਾਤਮਾ ਦਾ ਨਾਮ (ਸਿਰਫ਼ ਉਸ ਮਨੁੱਖ ਨੇ) ਜਪਿਆ ਹੈ (ਜਿਸ ਉਤੇ) ਪਰਮਾਤਮਾ ਨੇ ਆਪ ਮਿਹਰ ਕੀਤੀ ਹੈ ॥੧॥ ਰਹਾਉ ॥
41877	975	ਹਰਿ ਹਰਿ ਅਗਮ ਅਗੋਚਰੁ ਸੁਆਮੀ ਜਨ ਜਪਿ ਮਿਲਿ ਸਲਲ ਸਲਲੇ॥		Har Har Agam Agochar Suaamee Jan Jap Mil Salal Salalae ||	Our Lord and Master, Har, Har, is inaccessible and unfathomable. Meditating on Him, His humble servant merges with Him, like water with water.	ਮਾਲਕ-ਪ੍ਰਭੂ ਅਪਹੁੰਚ ਹੈ, ਇੰਦ੍ਰਿਆਂ ਦੀ ਰਾਹੀਂ ਉਸ ਤਕ ਪਹੁੰਚ ਨਹੀਂ ਹੋ ਸਕਦੀ। ਉਸ ਦੇ ਭਗਤ ਉਸ ਦਾ ਨਾਮ ਜਪ ਕੇ (ਇਉਂ ਹੋ ਜਾਂਦੇ ਹਨ, ਜਿਵੇਂ) ਪਾਣੀ ਵਿਚ ਪਾਣੀ ਮਿਲ ਕੇ (ਇੱਕ-ਰੂਪ ਹੋ ਜਾਂਦਾ ਹੈ)।
41878	975	ਹਰਿ ਕੇ ਸੰਤ ਮਿਲਿ ਰਾਮ ਰਸੁ ਪਾਇਆ ਹਮ ਜਨ ਕੈ ਬਲਿ ਬਲਲੇ॥੧॥		Har Kae Santh Mil Raam Ras Paaeiaa Ham Jan Kai Bal Balalae ||1||	Meeting with the Lord's Saints, I have obtained the sublime essence of the Lord. I am a sacrifice, a sacrifice to His humble servants. ||1||	ਜਿਨ੍ਹਾਂ ਸੰਤ ਜਨਾਂ ਨੇ (ਸਾਧ ਸੰਗਤ ਵਿਚ) ਮਿਲ ਕੇ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਿਆ ਹੈ, ਮੈਂ ਉਹਨਾਂ ਸੰਤ ਜਨਾਂ ਤੋਂ ਸਦਕੇ ਹਾਂ ਕੁਰਬਾਨ ਹਾਂ ॥੧॥

41879	975	ਪੁਰਖੋਤਮੁ ਹਰਿ ਨਾਮੁ ਜਨਿ ਗਾਇਓ ਸਭਿ ਦਾਲਦ ਦੁਖ ਦਲਲੇ॥		Purakhotham Har Naam Jan Gaaeiou Sabh Dhaaladh Dhukh Dhalalae ||	The Lord's humble servant sings the Praises of the Name of the Supreme, Primal Soul, and all poverty and pain are destroyed.	ਜਿਸ ਸੇਵਕ ਨੇ ਉੱਤਮ ਪੁਰਖ ਪ੍ਰਭੂ ਦਾ ਨਾਮ ਜਪਿਆ, ਪ੍ਰਭੂ ਨੇ ਉਸ ਦੇ ਸਾਰੇ ਦੁੱਖ ਦਰਿੱਦਰ ਨਾਸ ਕਰ ਦਿੱਤੇ।
41880	975	ਵਿਚਿ ਦੇਹੀ ਦੋਖ ਅਸਾਧ ਪੰਚ ਧਾਤੂ ਹਰਿ ਕੀਏ ਖਿਨ ਪਰਲੇ॥੨॥		Vich Dhaehee Dhokh Asaadhh Panch Dhhaathoo Har Keeeae Khin Paralae ||2||	Within the body are the five evil and uncontrollable passions. The Lord destroys them in an instant. ||2||	ਮਨੁੱਖਾ ਸਰੀਰ ਵਿਚ ਕਾਮਾਦਿਕ ਪੰਜ ਬਲੀ ਵਿਕਾਰ ਵੱਸਦੇ ਹਨ, (ਨਾਮ ਜਪਣ ਵਾਲੇ ਦੇ ਅੰਦਰੋਂ) ਪ੍ਰਭੂ ਇਹ ਵਿਕਾਰ ਇਕ ਖਿਨ ਵਿਚ ਨਾਸ ਕਰ ਦੇਂਦਾ ਹੈ ॥੨॥
41881	975	ਹਰਿ ਕੇ ਸੰਤ ਮਨਿ ਪ੍ਰੀਤਿ ਲਗਾਈ ਜਿਉ ਦੇਖੈ ਸਸਿ ਕਮਲੇ॥	ਸਸਿ, ਕਮਲੇ: ਪੋਲੇ ਬੋਲੋ	Har Kae Santh Man Preeth Lagaaee Jio Dhaekhai Sas Kamalae ||	The Lord's Saint loves the Lord in his mind, like the lotus flower gazing at the moon.	ਸੰਤ ਜਨਾਂ ਦੇ ਮਨ ਵਿਚ ਪਰਮਾਤਮਾ ਨੇ (ਆਪਣੇ ਚਰਨਾਂ ਵਿਚ) ਪ੍ਰੀਤ ਇਉਂ ਲਾਈ ਹੈ, ਜਿਵੇਂ (ਚਕੋਰ) ਚੰਦ੍ਰਮਾ ਨੂੰ (ਪਿਆਰ ਨਾਲ) ਵੇਖਦਾ ਹੈ, ਜਿਵੇਂ (ਭੌਰਾ) ਕੌਲ ਫੁੱਲ ਨੂੰ ਵੇਖਦਾ ਹੈ,
41882	975	ਉਨਵੈ ਘਨੁ ਘਨ ਘਨਿਹਰੁ ਗਰਜੈ ਮਨਿ ਬਿਗਸੈ ਮੋਰ ਮੁਰਲੇ॥੩॥	ਕ੍ਰਿਪਾਲੂ ਗੁਰੂ ਜੀ (ਉਨਵੈ) ਝੁਕਦੇ ਹਨ। (ਘਨੁ) ਇਕ-ਰਸ। (ਘਨ) ਘਣੇ ਹੀ, ਬਹੁਤੇ, (ਘਨਿਹਰੁ) ਬੱਦਲ ਗੁਰੂ। ਗੁਰਸੇਵਕ ਰੂਪ ਮੋਰ ਹੀ (ਮੁਰਲੇ) ਮੋਰ	Ounavai Ghan Ghan Ghanihar Garajai Man Bigasai Mor Muralae ||3||	The clouds hang low, the clouds tremble with thunder, and the mind dances joyfully like the peacock. ||3||	ਜਿਵੇਂ ਪੈਲ ਪਾਂਦਾ ਮੋਰ ਆਪਣੇ ਮਨ ਵਿਚ (ਤਦੋਂ) ਖ਼ੁਸ਼ ਹੁੰਦਾ ਹੈ (ਜਦੋਂ) ਬੱਦਲ ਝੁਕਦਾ ਹੈ ਤੇ ਬਹੁਤ ਗੱਜਦਾ ਹੈ ॥੩॥

41883	975	ਹਮਰੈ ਸੁਆਮੀ ਲੋਚ ਹਮ ਲਾਈ ਹਮ ਜੀਵਹ ਦੇਖਿ ਹਰਿ ਮਿਲੇ॥		Hamarai Suaamee Loch Ham Laaee Ham Jeevehi Dhaekh Har Milae ||	My Lord and Master has placed this yearning within me; I live by seeing and meeting my Lord.	ਮੇਰੇ ਮਾਲਕ-ਪ੍ਰਭੂ ਨੇ ਮੇਰੇ ਅੰਦਰ (ਆਪਣੇ ਨਾਮ ਦੀ) ਲਗਨ ਲਾ ਦਿੱਤੀ ਹੈ, ਮੈਂ ਉਸ ਨੂੰ ਵੇਖ ਵੇਖ ਕੇ ਉਸ ਦੇ ਚਰਨਾਂ ਵਿਚ ਜੁੜ ਕੇ ਆਤਮਕ ਜੀਵਨ ਹਾਸਲ ਕਰਦਾ ਹਾਂ।
41884	975	ਜਨ ਨਾਨਕ ਹਰਿ ਅਮਲ ਹਰਿ ਲਾਏ ਹਰਿ ਮੇਲਹੁ ਅਨਦ ਭਲੇ॥੪॥੨॥		Jan Naanak Har Amal Har Laaeae Har Maelahu Anadh Bhalae ||4||2||	Servant Nanak is addicted to the intoxication of the Lord; meeting with the Lord, he finds sublime bliss. ||4||2||	ਹੇ ਦਾਸ ਨਾਨਕ! ਹੇ ਹਰੀ! ਤੂੰ ਆਪ ਹੀ ਮੈਨੂੰ ਆਪਣੇ ਨਾਮ ਦਾ ਨਸ਼ਾ ਲਾਇਆ ਹੈ, ਮੈਨੂੰ (ਆਪਣੇ ਚਰਨਾਂ ਵਿਚ) ਜੋੜੀ ਰੱਖ, ਇਸੇ ਵਿਚ ਹੀ ਮੈਨੂੰ ਸੋਹਣਾ ਆਨੰਦ ਹੈ ॥੪॥੨॥
41885	975	ਨਟ ਮਹਲਾ ੪॥		Natt Mehalaa 4 ||	Nat, Fourth Mehl:	
41886	975	ਮੇਰੇ ਮਨ ਜਪਿ ਹਰਿ ਹਰਿ ਨਾਮੁ ਸਖੇ॥		Maerae Man Jap Har Har Naam Sakhae ||	O my mind, chant the Name of the Lord, Har, Har, your only Friend.	ਹੇ ਮੇਰੇ ਮਨ! ਸਦਾ ਪਰਮਾਤਮਾ ਦਾ ਨਾਮ ਜਪਿਆ ਕਰ। (ਹਰਿ-ਨਾਮਿ ਹੀ ਅਸਲ) ਮਿੱਤਰ ਹੈ।
41887	976	ਗੁਰ ਪਰਸਾਦੀ ਹਰਿ ਨਾਮੁ ਧਿਆਇਓ ਹਮ ਸਤਿਗੁਰ ਚਰਨ ਪਖੇ॥੧॥ਰਹਾਉ॥	(ਪਖੇ) ਧੋਤੇ, ਪੱਖ ਲਿਆ	Gur Parasaadhee Har Naam Dhhiaaeiou Ham Sathigur Charan Pakhae ||1|| Rehaao ||	By Guru's Grace, I meditate on the Name of the Lord; I wash the Feet of the True Guru. ||1||Pause||	(ਪਰ ਜਿਸ ਨੇ ਭੀ) ਪਰਮਾਤਮਾ ਦਾ ਨਾਮ (ਜਪਿਆ ਹੈ) ਗੁਰੂ ਦੀ ਕਿਰਪਾ ਨਾਲ ਹੀ ਜਪਿਆ ਹੈ। (ਇਸ ਵਾਸਤੇ) ਮੈਂ ਭੀ ਸਤਿਗੁਰੂ ਦੇ ਚਰਨ ਹੀ ਧੋਂਦਾ ਹਾਂ (ਗੁਰੂ ਦੀ ਸਰਨ ਹੀ ਪਿਆ ਹਾਂ) ॥੧॥ ਰਹਾਉ ॥

41888	976	ਊਤਮ ਜਗੰਨਾਥ ਜਗਦੀਸੁਰ ਹਮ ਪਾਪੀ ਸਰਨਿ ਰਖੇ॥		Ootham Jagannaathh Jagadheesur Ham Paapee Saran Rakhae ||	The Exalted Lord of the World, the Master of the Universe, keeps a sinner like me in His Sanctuary	ਹੇ ਸਭ ਤੋਂ ਸ੍ਰੇਸ਼ਟ! ਹੇ ਜਗਤ ਦੇ ਨਾਥ! ਹੇ ਜਗਤ ਈਸ਼੍ਵਰ! ਮੈਂ ਪਾਪੀ ਹਾਂ, ਪਰ ਤੇਰੀ ਸਰਨ ਆ ਪਿਆ ਹਾਂ, ਮੇਰੀ ਰੱਖਿਆ ਕਰ।
41889	976	ਤੁਮ ਵਡ ਪੁਰਖ ਦੀਨ ਦੁਖਭੰਜਨ ਹਰਿ ਦੀਓ ਨਾਮੁ ਮੁਖੇ॥੧॥		Thum Vadd Purakh Dheen Dhukh Bhanjan Har Dheeou Naam Mukhae ||1||	You are the Greatest Being, Lord, Destroyer of the pains of the meek; You have placed Your Name in my mouth, Lord. ||1||	ਤੂੰ ਵੱਡਾ ਪੁਰਖ ਹੈਂ, ਤੂੰ ਦੀਨਾਂ ਦੇ ਦੁੱਖ ਨਾਸ ਕਰਨ ਵਾਲਾ ਹੈਂ। ਹੇ ਹਰੀ! (ਜਿਸ ਉਤੇ ਤੂੰ ਮਿਹਰ ਕਰਦਾ ਹੈਂ, ਉਸ ਦੇ) ਮੂੰਹ ਵਿਚ ਤੂੰ ਆਪਣਾ ਨਾਮ ਦੇਂਦਾ ਹੈਂ ॥੧॥
41890	976	ਹਰਿ ਗੁਨ ਊਚ ਨੀਚ ਹਮ ਗਾਏ ਗੁਰ ਸਤਿਗੁਰ ਸੰਗਿ ਸਖੇ॥		Har Gun Ooch Neech Ham Gaaeae Gur Sathigur Sang Sakhae ||	I am lowly, but I sing the Lofty Praises of the Lord, meeting with the Guru, the True Guru, my Friend.	ਪਰਮਾਤਮਾ ਦੇ ਗੁਣ ਬਹੁਤ ਉੱਚੇ ਹਨ, ਅਸੀਂ ਜੀਵ ਨੀਵੇਂ ਹਾਂ। ਪਰ ਗੁਰੂ ਸਤਿਗੁਰ ਮਿੱਤਰ ਦੀ ਸੰਗਤ ਵਿਚ ਮੈਂ ਪ੍ਰਭੂ ਦੇ ਗੁਣ ਗਾਂਦਾ ਹਾਂ।
41891	976	ਜਿਉ ਚੰਦਨ ਸੰਗਿ ਬਸੈ ਨਿੰਮੁ ਬਿਰਖਾ ਗੁਨ ਚੰਦਨ ਕੇ ਬਸਖੇ॥੨॥	(ਚੰਦਨ) ਪੂਰਨ ਗੁਰੂ ਜੀ। ਪਾਪੀ ਬੁਰਿਆਈ ਦੀ ਕੁੜੱਤਣ ਵਾਲੇ ਨਿੰਮੁ ਵਾਂਗ ਕੌੜੇ। ਗੁਰੂ ਵਾਲੇ ਗੁਣ (ਬਸਖੇ) ਵਸ ਜਾਂਦੇ ਹਨ।ਬਸ-ਖੇ: ਪੋਲਾ ਬੋਲੋ	Jio Chandhan Sang Basai Ninm Birakhaa Gun Chandhan Kae Basakhae ||2||	Like the bitter nimm tree, growing near the sandalwood tree, I am permeated with the fragrance of sandalwood. ||2||	ਜਿਵੇਂ (ਜੇ) ਚੰਦਨ ਦੇ ਨਾਲ ਨਿੰਮ (ਦਾ) ਰੁੱਖ ਉਗਿਆ ਹੋਇਆ ਹੋਵੇ, ਤਾਂ ਉਸ ਵਿਚ ਚੰਦਨ ਦੇ ਗੁਣ ਆ ਵੱਸਦੇ ਹਨ (ਤਿਵੇਂ ਮੇਰਾ ਹਾਲ ਹੋਇਆ ਹੈ) ॥੨॥

41892	976	ਹਮਰੇ ਅਵਗਨ ਬਿਖਿਆ ਬਿਖੈ ਕੇ ਬਹੁ ਬਾਰ ਬਾਰ ਨਿਮਖੇ॥		Hamarae Avagan Bikhiaa Bikhai Kae Bahu Baar Baar Nimakhae ||	My faults and sins of corruption are countless; over and over again, I commit them.	ਅਸੀਂ ਜੀਵ ਮਾਇਆ ਦੇ ਵਿਸ਼ਿਆਂ ਦੇ ਵਿਕਾਰ ਅਨੇਕਾਂ ਵਾਰੀ ਘੜੀ ਮੁੜੀ ਕਰਦੇ ਰਹਿੰਦੇ ਹਾਂ।
41893	976	ਅਵਗਨਿਆਰੇ ਪਾਥਰ ਭਾਰੇ ਹਰਿ ਤਾਰੇ ਸੰਗਿ ਜਨਖੇ॥੩॥	(ਜਨਖੇ) ਜਨਾ ਦੀ ਕ੍ਰਿਪਾ ਦ੍ਰਿਸਟੀ ਨਾਲ	Avaganiaarae Paathhar Bhaarae Har Thaarae Sang Janakhae ||3||	I am unworthy, I am a heavy stone sinking down; but the Lord has carried me across, in association with His humble servants. ||3||	ਅਸੀਂ ਔਗੁਣਾਂ ਨਾਲ ਇਤਨੇ ਭਰ ਜਾਂਦੇ ਹਾਂ ਕਿ (ਮਾਨੋ) ਪੱਥਰ ਬਣ ਜਾਂਦੇ ਹਾਂ। ਪਰ ਪਰਮਾਤਮਾ ਆਪਣੇ ਸੰਤ ਜਨਾਂ ਦੀ ਸੰਗਤ ਵਿਚ (ਮਹਾਂ ਪਾਪੀਆਂ ਨੂੰ ਭੀ) ਤਾਰ ਲੈਂਦਾ ਹੈ ॥੩॥
41894	976	ਜਿਨ ਕਉ ਤੁਮ ਹਰਿ ਰਾਖਹੁ ਸੁਆਮੀ ਸਭ ਤਿਨ ਕੇ ਪਾਪ ਕ੍ਰਿਖੇ॥		Jin Ko Thum Har Raakhahu Suaamee Sabh Thin Kae Paap Kirakhae ||	Those whom You save, Lord - all their sins are destroyed.	ਹੇ ਹਰੀ! ਹੇ ਸੁਆਮੀ! ਜਿਨ੍ਹਾਂ ਦੀ ਤੂੰ ਰੱਖਿਆ ਕਰਦਾ ਹੈਂ, ਉਹਨਾਂ ਦੇ ਸਾਰੇ ਪਾਪ ਨਾਸ ਹੋ ਜਾਂਦੇ ਹਨ।
41895	976	ਜਨ ਨਾਨਕ ਕੇ ਦਇਆਲ ਪ੍ਰਭ ਸੁਆਮੀ ਤੁਮ ਦੁਸਟ ਤਾਰੇ ਹਰਣਖੇ॥੪॥੩॥	(ਹਰਣਖੇ) ਹਰਨਾਖਸ਼ ਵਰਗੇ, ਜਨ-ਖੇ, ਹਰਣ-ਖੇ	Jan Naanak Kae Dhaeiaal Prabh Suaamee Thum Dhusatt Thaarae Haranakhae ||4||3||	O Merciful God, Lord and Master of servant Nanak, You have carried across even evil villains like Harnaakhash. ||4||3||	ਹੇ ਦਇਆ ਦੇ ਸੋਮੇ ਪ੍ਰਭੂ! ਹੇ ਦਾਸ ਨਾਨਕ ਦੇ ਸੁਆਮੀ! ਤੂੰ ਹਰਣਾਖਸ਼ ਵਰਗੇ ਦੁਸ਼ਟਾਂ ਨੂੰ ਭੀ ਤਾਰ ਦੇਂਦਾ ਹੈਂ ॥੪॥੩॥
41896	976	ਨਟ ਮਹਲਾ ੪॥		Natt Mehalaa 4 ||	Nat, Fourth Mehl:	

41897	976	ਮੇਰੇ ਮਨ ਜਪਿ ਹਰਿ ਹਰਿ ਰਾਮ ਰੰਗੇ॥		Maerae Man Jap Har Har Raam Rangae ||	O my mind, chant the Name of the Lord, Har, Har, with love.	ਹੇ ਮੇਰੇ ਮਨ! ਪਿਆਰ ਨਾਲ ਪਰਮਾਤਮਾ ਦਾ ਨਾਮ ਜਪਿਆ ਕਰ।
41898	976	ਹਰਿ ਹਰਿ ਕ੍ਰਿਪਾ ਕਰੀ ਜਗਦੀਸੁਰਿ ਹਰਿ ਧਿਆਇਓ ਜਨ ਪਗਿ ਲਗੇ॥੧॥ਰਹਾਉ॥	ਜੱਗਦੀਸੁਰਿ,ਪਗਿ: ਪੋਲਾ ਬੋਲੋ	Har Har Kirapaa Karee Jagadheesur Har Dhhiaaeiou Jan Pag Lagae ||1|| Rehaao ||	When the Lord of the Universe, Har, Har, granted His Grace, then I fell at the feet of the humble, and I meditate on the Lord. ||1||Pause||	ਹੇ ਮਨ! ਜਿਸ ਮਨੁੱਖ ਉਤੇ ਜਗਤ ਦੇ ਮਾਲਕ ਪ੍ਰਭੂ ਨੇ ਕਿਰਪਾ ਕੀਤੀ, ਉਸ ਨੇ ਸੰਤ ਜਨਾਂ ਦੀ ਚਰਨੀਂ ਲੱਗ ਕੇ ਉਸ ਪ੍ਰਭੂ ਦਾ ਸਿਮਰਨ ਕੀਤਾ ਹੈ ॥੧॥ ਰਹਾਉ ॥
41899	976	ਜਨਮ ਜਨਮ ਕੇ ਭੂਲ ਚੂਕ ਹਮ ਅਬ ਆਏ ਪ੍ਰਭ ਸਰਨਗੇ॥	ਸਰਨੱਗੇ	Janam Janam Kae Bhool Chook Ham Ab Aaeae Prabh Saranagae ||	Mistaken and confused for so many past lives, I have now come and entered the Sanctuary of God.	ਹੇ ਪ੍ਰਭੂ! ਅਸੀਂ ਅਨੇਕਾਂ ਜਨਮਾਂ ਤੋਂ ਗ਼ਲਤੀਆਂ ਕਰਦੇ ਆ ਰਹੇ ਹਾਂ, ਹੁਣ ਅਸੀਂ ਤੇਰੀ ਸਰਨ ਆਏ ਹਾਂ।
41900	976	ਤੁਮ ਸਰਣਾਗਤਿ ਪ੍ਰਤਿਪਾਲਕ ਸੁਆਮੀ ਹਮ ਰਾਖਹੁ ਵਡ ਪਾਪਗੇ॥੧॥	ਸਰ-ਣਾਗਤਿ	Thum Saranaagath Prathipaalak Suaamee Ham Raakhahu Vadd Paapagae ||1||	O my Lord and Master, You are the Cherisher of those who come to Your Sanctuary. I am such a great sinner - please save me! ||1||	ਹੇ ਸੁਆਮੀ! ਤੂੰ ਸਰਨ ਪਿਆਂ ਦੀ ਪਾਲਣਾ ਕਰਨ ਵਾਲਾ ਹੈਂ, ਅਸਾਡੀ ਪਾਪੀਆਂ ਦੀ ਭੀ ਰੱਖਿਆ ਕਰ ॥੧॥

41901	976	ਤੁਮਰੀ ਸੰਗਤਿ ਹਰਿ ਕੋ ਕੋ ਨ ਉਧਰਿਓ ਪ੍ਰਭ ਕੀਏ ਪਤਿਤ ਪਵਗੇ॥	ਪਵੱਗੇ	Thumaree Sangath Har Ko Ko N Oudhhariou Prabh Keeeae Pathith Pavagae ||	Associating with You, Lord, who would not be saved? Only God sanctifies the sinners.	ਹੇ ਪ੍ਰਭੂ! ਜਿਹੜਾ ਭੀ ਤੇਰੀ ਸੰਗਤ ਵਿਚ ਆਇਆ, ਉਹੀ (ਪਾਪਾਂ ਵਿਕਾਰਾਂ ਤੋਂ) ਬਚ ਨਿਕਲਿਆ, ਤੂੰ ਪਾਪਾਂ ਵਿਚ ਡਿੱਗੇ ਹੋਇਆਂ ਨੂੰ ਪਵਿੱਤਰ ਕਰਨ ਵਾਲਾ ਹੈਂ।
41902	976	ਗੁਨ ਗਾਵਤ ਛੀਪਾ ਦੁਸਟਾਰਿਓ ਪ੍ਰਭਿ ਰਾਖੀ ਪੈਜ ਜਨਗੇ॥੨॥	ਜਨ-ਗੇ	Gun Gaavath Shheepaa Dhusattaariou Prabh Raakhee Paij Janagae ||2||	Naam Dayv, the calico printer, was driven out by the evil villains, as he sang Your Glorious Praises; O God, You protected the honor of Your humble servant. ||2||	ਪ੍ਰਭੂ ਦੇ ਗੁਣ ਗਾ ਰਹੇ (ਨਾਮਦੇਵ) ਛੀਂਬੇ ਨੂੰ (ਬ੍ਰਾਹਮਣਾਂ ਨੇ) ਦੁਸ਼ਟ ਦੁਸ਼ਟ ਆਖ ਕੇ ਦੁਰਕਾਰਿਆ, ਪਰ ਪ੍ਰਭੂ ਨੇ ਆਪਣੇ ਸੇਵਕ ਦੀ ਇੱਜ਼ਤ ਰੱਖ ਲਈ ॥੨॥
41903	976	ਜੋ ਤੁਮਰੇ ਗੁਨ ਗਾਵਹਿ ਸੁਆਮੀ ਹਉ ਬਲਿ ਬਲਿ ਬਲਿ ਤਿਨਗੇ॥	ਤਿਨ-ਗੇ	Jo Thumarae Gun Gaavehi Suaamee Ho Bal Bal Bal Thinagae ||	Those who sing Your Glorious Praises, O my Lord and Master - I am a sacrifice, a sacrifice, a sacrifice to them.	ਹੇ ਸੁਆਮੀ! ਜਿਹੜੇ ਭੀ ਮਨੁੱਖ ਤੇਰੇ ਗੁਣ ਗਾਂਦੇ ਹਨ, ਮੈਂ ਉਹਨਾਂ ਤੋਂ ਸਦਕੇ ਸਦਕੇ ਜਾਂਦਾ ਹਾਂ ਕੁਰਬਾਨ ਜਾਂਦਾ ਹਾਂ।

41904	976	ਭਵਨ ਭਵਨ ਪਵਿਤ੍ਰ ਸਭਿ ਕੀਏ ਜਹ ਧੂਰਿ ਪਰੀ ਜਨ ਪਗੇ॥੩॥	ਪਗੇ: ਪੋਲਾ ਬੋਲੋ	Bhavan Bhavan Pavithr Sabh Keeeae Jeh Dhhoor Paree Jan Pagae ||3||	Those houses and homes are sanctified, upon which the dust of the feet of the humble settles. ||3||	ਹੇ ਪ੍ਰਭੂ! ਜਿੱਥੇ ਜਿੱਥੇ ਤੇਰੇ ਸੇਵਕਾਂ ਦੇ ਚਰਨਾਂ ਦੀ ਧੂੜ ਲੱਗ ਗਈ, ਤੂੰ ਉਹ ਸਾਰੇ ਥਾਂ ਪਵਿੱਤਰ ਕਰ ਦਿੱਤੇ ॥੩॥
41905	976	ਤੁਮਰੇ ਗੁਨ ਪ੍ਰਭ ਕਹਿ ਨ ਸਕਹਿ ਹਮ ਤੁਮ ਵਡ ਵਡ ਪੁਰਖ ਵਡਗੇ॥		Thumarae Gun Prabh Kehi N Sakehi Ham Thum Vadd Vadd Purakh Vaddagae ||	I cannot describe Your Glorious Virtues, God; You are the greatest of the great, O Great Primal Lord God.	ਹੇ ਪ੍ਰਭੂ! ਤੂੰ ਵੱਡਾ ਹੈਂ, ਤੂੰ ਬਹੁਤ ਵੱਡਾ ਅਕਾਲ ਪੁਰਖ ਹੈਂ, ਅਸੀਂ ਜੀਵ ਤੇਰੇ ਗੁਣ ਬਿਆਨ ਨਹੀਂ ਕਰ ਸਕਦੇ।
41906	976	ਜਨ ਨਾਨਕ ਕਉ ਦਇਆ ਪ੍ਰਭ ਧਾਰਹੁ ਹਮ ਸੇਵਹ ਤੁਮ ਜਨ ਪਗੇ॥੪॥੪॥	ਪਗੇ: ਪੋਲਾ ਬੋਲੋ	Jan Naanak Ko Dhaeiaa Prabh Dhhaarahu Ham Saeveh Thum Jan Pagae ||4||4||	Please shower Your Mercy upon servant Nanak, God; I serve at the feet of Yor humble servants. ||4||4||	ਹੇ ਪ੍ਰਭੂ! ਆਪਣੇ ਸੇਵਕ ਨਾਨਕ ਉਤੇ ਮਿਹਰ ਕਰ, ਤਾਂ ਕਿ ਮੈਂ ਭੀ ਤੇਰੇ ਸੇਵਕਾਂ ਦੇ ਚਰਨਾਂ ਦੀ ਸੇਵਾ ਕਰ ਸਕਾਂ ॥੪॥੪॥
41907	976	ਨਟ ਮਹਲਾ ੪॥		Natt Mehalaa 4 ||	Nat, Fourth Mehl:	
41908	976	ਮੇਰੇ ਮਨ ਜਪਿ ਹਰਿ ਹਰਿ ਨਾਮੁ ਮਨੇ॥		Maerae Man Jap Har Har Naam Manae ||	O my mind, believe in and chant the Name of the Lord, Har, Har.	ਹੇ ਮੇਰੇ ਮਨ! ਆਪਣੇ ਅੰਦਰ (ਇਕਾਗ੍ਰ ਹੋ ਕੇ) ਪਰਮਾਤਮਾ ਦਾ ਨਾਮ ਜਪਿਆ ਕਰ।

41909	976	ਜਗੰਨਾਥਿ ਕਿਰਪਾ ਪ੍ਰਭਿ ਧਾਰੀ ਮਤਿ ਗੁਰਮਤਿ ਨਾਮ ਬਨੇ॥੧॥ਰਹਾਉ॥		Jagannaathh Kirapaa Prabh Dhhaaree Math Guramath Naam Banae ||1|| Rehaao ||	God,the Master of the Universe,has showered His Mercy upon me, and through the Guru's Teachings, my intellect has been molded by the Naam. ||1||Pause||	ਜਗਤ ਦੇ ਨਾਥ ਪ੍ਰਭੂ ਨੇ ਜਿਸ ਜੀਵ ਉਤੇ ਮਿਹਰ ਕੀਤੀ, ਗੁਰੂ ਦੀ ਸਿੱਖਿਆ ਲੈ ਕੇ ਉਸ ਦੀ ਮੱਤ ਨਾਮ ਜਪਣ ਵਾਲੀ ਬਣ ਗਈ ॥੧॥ ਰਹਾਉ ॥
41910	976	ਹਰਿ ਜਨ ਹਰਿ ਜਸੁ ਹਰਿ ਹਰਿ ਗਾਇਓ ਉਪਦੇਸਿ ਗੁਰੂ ਗੁਰ ਸੁਨੇ॥		Har Jan Har Jas Har Har Gaaeiou Oupadhaes Guroo Gur Sunae ||	The Lord's humble servant sings the Praises of the Lord, Har, Har, listening to the Guru's Teachings.	ਹੇ ਮੇਰੇ ਮਨ! ਗੁਰੂ ਦੇ ਉਪਦੇਸ਼ ਦੀ ਰਾਹੀਂ, ਗੁਰੂ (ਦਾ ਉਪਦੇਸ਼) ਸੁਣ ਕੇ, ਜਿਨ੍ਹਾਂ ਜਨਾਂ ਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਣਾ ਸ਼ੁਰੂ ਕੀਤਾ,
41911	976	ਕਿਲਬਿਖ ਪਾਪ ਨਾਮ ਹਰਿ ਕਾਟੇ ਜਿਵ ਖੇਤ ਕ੍ਰਿਸਾਨਿ ਲੁਨੇ॥੧॥		Kilabikh Paap Naam Har Kaattae Jiv Khaeth Kirasaan Lunae ||1||	The Lord's Name cuts down all sins, like the farmer cutting down his crops. ||1||	ਪਰਮਾਤਮਾ ਦੇ ਨਾਮ ਨੇ ਉਹਨਾਂ ਦੇ ਸਾਰੇ ਪਾਪ ਵਿਕਾਰ (ਇਉਂ) ਕੱਟ ਦਿੱਤੇ, ਜਿਵੇਂ ਕਿਸਾਨ ਨੇ ਆਪਣੇ ਖੇਤ ਕੱਟੇ ਹੁੰਦੇ ਹਨ ॥੧॥
41912	976	ਤੁਮਰੀ ਉਪਮਾ ਤੁਮ ਹੀ ਪ੍ਰਭ ਜਾਨਹੁ ਹਮ ਕਹਿ ਨ ਸਕਹਿ ਹਰਿ ਗੁਨੇ॥		Thumaree Oupamaa Thum Hee Prabh Jaanahu Ham Kehi N Sakehi Har Gunae ||	You alone know Your Praises, God; I cannot even describe Your Glorious Virtues, Lord.	ਹੇ ਪ੍ਰਭੂ! ਹੇ ਹਰੀ! ਤੇਰੀ ਵਡਿਆਈ ਤੂੰ ਆਪ ਹੀ ਜਾਣਦਾ ਹੈਂ, ਅਸੀਂ ਜੀਵ ਤੇਰੇ ਗੁਣ ਬਿਆਨ ਨਹੀਂ ਕਰ ਸਕਦੇ।

41913	976	ਜੈਸੇ ਤੁਮ ਤੈਸੇ ਪ੍ਰਭ ਤੁਮ ਹੀ ਗੁਨ ਜਾਨਹੁ ਪ੍ਰਭ ਅਪੁਨੇ॥੨॥		Jaisae Thum Thaisae Prabh Thum Hee Gun Jaanahu Prabh Apunae ||2||	You are what You are, God; You alone know Your Glorious Virtues, God. ||2||	ਹੇ ਪ੍ਰਭੂ! ਜਿਹੋ ਜਿਹਾ ਤੂੰ ਹੈਂ ਇਹੋ ਜਿਹਾ ਤੂੰ ਆਪ ਹੀ ਹੈਂ; ਆਪਣੇ ਗੁਣ ਤੂੰ ਆਪ ਹੀ ਜਾਣਦਾ ਹੈਂ ॥੨॥
41914	976	ਮਾਇਆ ਫਾਸ ਬੰਧ ਬਹੁ ਬੰਧੇ ਹਰਿ ਜਪਿਓ ਖੁਲ ਖੁਲਨੇ॥		Maaeiaa Faas Bandhh Bahu Bandhhae Har Japiou Khul Khulanae ||	The mortals are bound by the many bonds of Maya's noose. Meditating on the Lord, the knot is untied	ਹੇ ਮੇਰੇ ਮਨ! ਜੀਵ ਮਾਇਆ ਦੇ ਮੋਹ ਦੀਆਂ ਫਾਹੀਆਂ, ਮਾਇਆ ਦੇ ਮੋਹ ਦੇ ਬੰਧਨਾਂ ਵਿਚ ਬਹੁਤ ਬੱਝੇ ਰਹਿੰਦੇ ਹਨ। ਹੇ ਮਨ! ਜਿਨ੍ਹਾਂ ਨੇ ਪਰਮਾਤਮਾ ਦਾ ਨਾਮ ਜਪਿਆ, ਉਹਨਾਂ ਦੇ ਬੰਧਨਾਂ ਖੁਲ੍ਹ ਗਏ;
41915	976	ਜਿਉ ਜਲ ਕੁੰਚਰੁ ਤਦੂਐ ਬਾਂਧਿਓ ਹਰਿ ਚੇਤਿਓ ਮੋਖ ਮੁਖਨੇ॥੩॥		Jio Jal Kunchar Thadhooai Baandhhiou Har Chaethiou Mokh Mukhanae ||3||	Like the elephant, which was caught in the water by the crococile; it remembered the Lord, and chanted the Lord's Name, and was released. ||3||	ਜਿਵੇਂ ਤੰਦੂਏ ਨੇ ਹਾਥੀ ਨੂੰ ਪਾਣੀ ਵਿਚ (ਆਪਣੀਆਂ ਤਾਰਾਂ ਨਾਲ) ਬੰਨ੍ਹ ਲਿਆ ਸੀ, (ਹਾਥੀ ਨੇ) ਪਰਮਾਤਮਾ ਨੂੰ ਯਾਦ ਕੀਤਾ, (ਤੰਦੂਏ ਤੋਂ) ਉਸ ਦੀ ਖ਼ਲਾਸੀ ਹੋ ਗਈ ॥੩॥
41916	976	ਸੁਆਮੀ ਪਾਰਬ੍ਰਹਮ ਪਰਮੇਸਰੁ ਤੁਮ ਖੋਜਹੁ ਜੁਗ ਜੁਗਨੇ॥	ਜੁੱਗ ਜੁੱਗਨੇ	Suaamee Paarabreham Paramaesar Thum Khojahu Jug Juganae ||	O my Lord and Master, Supreme Lord God, Transcendent Lord, throughout the ages, mortals search for You.	ਹੇ ਮੇਰੇ ਸੁਆਮੀ! ਹੇ ਪਾਰਬ੍ਰਹਮ! ਤੂੰ ਸਭ ਤੋਂ ਵੱਡਾ ਮਾਲਕ ਹੈਂ। ਜੁਗਾਂ ਜੁਗਾਂ ਤੋਂ ਤੇਰੀ ਭਾਲ ਹੁੰਦੀ ਆ ਰਹੀ ਹੈ।

41917	976	ਤੁਮਰੀ ਥਾਹ ਪਾਈ ਨਹੀ ਪਾਵੈ ਜਨ ਨਾਨਕ ਕੇ ਪ੍ਰਭ ਵਡਨੇ॥੪॥੫॥	ਵੱਡਨੇ	Thumaree Thhaah Paaee Nehee Paavai Jan Naanak Kae Prabh Vaddanae ||4||5||	Your extent cannot be estimated or known, O Great God of servant Nanak. ||4||5||	ਪਰ, ਹੇ ਦਾਸ ਦੇ ਵੱਡੇ ਪ੍ਰਭੂ! ਕਿਸੇ ਨੇ ਭੀ ਤੇਰੇ ਗੁਣਾਂ ਦੀ ਹਾਥ ਨਹੀਂ ਲੱਭੀ, ਕਈ ਨਹੀਂ ਲੱਭ ਸਕਦਾ ॥੪॥੫॥
41918	976	ਨਟ ਮਹਲਾ ੪॥		Natt Mehalaa 4 ||	Nat, Fourth Mehl:	
41919	976	ਮੇਰੇ ਮਨ ਕਲਿ ਕੀਰਤਿ ਹਰਿ ਪ੍ਰਵਣੇ॥		Maerae Man Kal Keerath Har Pravanae ||	O my mind,in this Dark Age of Kali Yuga,the Kirtan of the Lord's Praises is worthy and commendable.	ਹੇ ਮੇਰੇ ਮਨ! ਪਰਮਾਤਮਾ ਦੀ ਸਿਫ਼ਤ-ਸਾਲਾਹ (ਕਰਿਆ ਕਰ), ਮਨੁੱਖਾ ਜ਼ਿੰਦਗੀ ਦਾ (ਇਹੀ ਉੱਦਮ ਪਰਮਾਤਮਾ ਦੀ ਹਜ਼ੂਰੀ ਵਿਚ) ਪਰਵਾਨ ਹੁੰਦਾ ਹੈ।
41920	976	ਹਰਿ ਹਰਿ ਦਇਆਲਿ ਦਇਆ ਪ੍ਰਭ ਧਾਰੀ ਲਗਿ ਸਤਿਗੁਰ ਹਰਿ ਜਪਣੇ॥੧॥ਰਹਾਉ॥	ਲੱਗਿ	Har Har Dhaeiaal Dhaeiaa Prabh Dhhaaree Lag Sathigur Har Japanae ||1|| Rehaao ||	When the Merciful Lord God shows kindness and compassion, then one falls at the feet of the True Guru, and meditates on the Lord. ||1||Pause||	(ਪਰ, ਹੇ ਮਨ! ਜਿਸ ਮਨੁੱਖ ਉੱਤੇ) ਦਇਆਲ ਪ੍ਰਭੂ ਨੇ ਮਿਹਰ ਕੀਤੀ, ਉਸ ਨੇ ਹੀ ਗੁਰੂ ਦੀ ਚਰਨੀਂ ਲੱਗ ਕੇ ਹਰਿ-ਨਾਮ ਜਪਿਆ ਹੈ ॥੧॥ ਰਹਾਉ ॥

41921	977	ਹਰਿ ਤੁਮ ਵਡ ਅਗਮ ਅਗੋਚਰ ਸੁਆਮੀ ਸਭਿ ਧਿਆਵਹਿ ਹਰਿ ਰੁੜਣੇ॥		Har Thum Vadd Agam Agochar Suaamee Sabh Dhhiaavehi Har Rurranae ||	O my Lord and Master, You are great, inaccessible and unfathomable; all meditate on You, O Beautiful Lord.	ਹੇ ਹਰੀ! ਤੂੰ ਬਹੁਤ ਅਪਹੁੰਚ ਹੈਂ, ਮਨੁੱਖ ਦੇ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈਂ। ਹੇ ਸੁਆਮੀ! ਸਾਰੇ ਜੀਵ ਤੈਨੂੰ ਸੁੰਦਰ-ਸਰੂਪ ਨੂੰ ਸਿਮਰਦੇ ਹਨ।
41922	977	ਜਿਨ ਕਉ ਤੁਮ੍ਰੇ ਵਡ ਕਟਾਖ ਹੈ ਤੇ ਗੁਰਮੁਖਿ ਹਰਿ ਸਿਮਰਣੇ॥੧॥		Jin Ko Thumharae Vadd Kattaakh Hai Thae Guramukh Har Simaranae ||1||	Those whom You view with Your Great Eye of Grace, meditate on You, Lord, and become Gurmukh. ||1||	ਹੇ ਹਰੀ! ਜਿਨ੍ਹਾਂ ਉਤੇ ਤੇਰੀ ਬਹੁਤ ਮਿਹਰ ਦੀ ਨਿਗਾਹ ਹੈ, ਉਹ ਬੰਦੇ ਗੁਰੂ ਦੀ ਸਰਨ ਪੈ ਕੇ ਤੈਨੂੰ ਸਿਮਰਦੇ ਹਨ ॥੧॥
41923	977	ਇਹ ਪਰਪੰਚੁ ਕੀਆ ਪ੍ਰਭ ਸੁਆਮੀ ਸਭੁ ਜਗਜੀਵਨੁ ਜੁਗਣੇ॥	ਜੱਗਜੀਵਨੁ	Eihu Parapanch Keeaa Prabh Suaamee Sabh Jagajeevan Juganae ||	The expanse of this creation is Your work, O God, my Lord and Master, Life of the entire universe, united with all.	ਇਹ ਜਗਤ-ਰਚਨਾ-ਸੁਆਮੀ ਪ੍ਰਭੂ ਨੇ ਆਪ ਹੀ ਕੀਤੀ ਹੈ, (ਇਸ ਵਿਚ) ਹਰ ਥਾਂ ਜਗਤ ਦਾ ਜੀਵਨ-ਪ੍ਰਭੂ ਆਪ ਹੀ ਵਿਆਪਕ ਹੈ।
41924	977	ਜਿਉ ਸਲਲੈ ਸਲਲ ਉਠਹਿ ਬਹੁ ਲਹਰੀ ਮਿਲਿ ਸਲਲੈ ਸਲਲ ਸਮਣੇ॥੨॥		Jio Salalai Salal Outhehi Bahu Leharee Mil Salalai Salal Samanae ||2||	Countless waves rise up from the water, and then they merge into the water again. ||2||	ਜਿਵੇਂ ਪਾਣੀ ਵਿਚ ਪਾਣੀ ਦੀਆਂ ਬਹੁਤ ਲਹਿਰਾਂ ਉਠਦੀਆਂ ਹਨ, ਤੇ ਉਹ ਪਾਣੀ ਵਿਚ ਮਿਲ ਕੇ ਪਾਣੀ ਹੋ ਜਾਂਦੀਆਂ ਹਨ ॥੨॥

41925	977	ਜੋ ਪ੍ਰਭ ਕੀਆ ਸੁ ਤੁਮ ਹੀ ਜਾਨਹੁ ਹਮ ਨਹ ਜਾਨੀ ਹਰਿ ਗਹਣੇ॥	ਹਰੀ ਜੀ ਦੇ ਚਰਨ-ਕਮਲ, ਅਪਣੇ ਅੰਦਰ (ਗਹਣੇ) ਵਸਾਉਣੇ ਨਹ ਜਾਣੇ	Jo Prabh Keeaa S Thum Hee Jaanahu Ham Neh Jaanee Har Gehanae ||	You alone, God, know whatever You do. O Lord, I do not know.	ਹੇ ਪ੍ਰਭੂ! ਜਿਹੜਾ (ਇਹ ਪਰਪੰਚ) ਤੂੰ ਬਣਾਇਆ ਹੈ ਇਸ ਨੂੰ ਤੂੰ ਆਪ ਹੀ ਜਾਣਦਾ ਹੈਂ, ਅਸੀਂ ਜੀਵ ਤੇਰੀ ਡੂੰਘਾਈ ਨਹੀਂ ਸਮਝ ਸਕਦੇ।
41926	977	ਹਮ ਬਾਰਿਕ ਕਉ ਰਿਦ ਉਸਤਤਿ ਧਾਰਹੁ ਹਮ ਕਰਹ ਪ੍ਰਭੂ ਸਿਮਰਣੇ॥੩॥		Ham Baarik Ko Ridh Ousathath Dhhaarahu Ham Kareh Prabhoo Simaranae ||3||	I am Your child; please enshrine Your Praises within my heart, God, so that I may remember You in meditation. ||3||	ਹੇ ਪ੍ਰਭੂ! ਅਸੀਂ ਤੇਰੇ ਬੱਚੇ ਹਾਂ, ਅਸਾਡੇ ਹਿਰਦੇ ਵਿਚ ਆਪਣੀ ਸਿਫ਼ਤ-ਸਾਲਾਹ ਟਿਕਾ ਰੱਖ, ਤਾ ਕਿ ਅਸੀਂ ਤੇਰਾ ਸਿਮਰਨ ਕਰਦੇ ਰਹੀਏ ॥੩॥
41927	977	ਤੁਮ ਜਲਨਿਧਿ ਹਰਿ ਮਾਨ ਸਰੋਵਰ ਜੋ ਸੇਵੈ ਸਭ ਫਲਣੇ॥		Thum Jal Nidhh Har Maan Sarovar Jo Saevai Sabh Falanae ||	You are the treasure of water, O Lord, the Maansarovar Lake. Whoever serves You receives all fruitful rewards.	ਹੇ ਪ੍ਰਭੂ! ਤੂੰ (ਸਭ ਖ਼ਜ਼ਾਨਿਆਂ ਦਾ) ਸਮੁੰਦਰ ਹੈਂ, ਤੂੰ (ਸਭ ਅਮੋਲਕ ਪਦਾਰਥਾਂ ਨਾਲ ਭਰਿਆ) ਮਾਨਸਰੋਵਰ ਹੈਂ। ਜਿਹੜਾ ਮਨੁੱਖ ਤੇਰੀ ਸੇਵਾ-ਭਗਤੀ ਕਰਦਾ ਹੈ ਉਸ ਨੂੰ ਸਾਰੇ ਫਲ ਮਿਲ ਜਾਂਦੇ ਹਨ।
41928	977	ਜਨੁ ਨਾਨਕੁ ਹਰਿ ਹਰਿ ਹਰਿ ਹਰਿ ਬਾਂਛੈ ਹਰਿ ਦੇਵਹੁ ਕਰਿ ਕ੍ਰਿਪਣੇ॥੪॥੬॥		Jan Naanak Har Har Har Har Baanshhai Har Dhaevahu Kar Kirapanae ||4||6||	Servant Nanak longs for the Lord, Har, Har, Har, Har; bless him, Lord, with Your Mercy. ||4||6||	ਹੇ ਹਰੀ! ਤੇਰਾ ਦਾਸ ਨਾਨਕ ਤੇਰੇ ਦਰ ਤੋਂ ਤੇਰਾ ਨਾਮ ਮੰਗਦਾ ਹੈ, ਦਇਆ ਕਰ ਕੇ ਇਹ ਦਾਤ ਦੇਹ ॥੪॥੬॥
41929	977	ਨਟ ਨਾਰਾਇਨ ਮਹਲਾ ੪ ਪੜਤਾਲ	ਨਟ: ਪੋਲਾ ਬੋਲੋ	Natt Naaraaein Mehalaa 4 Parrathaala	Nat Naaraayan, Fourth Mehl, Partaal:	ਰਾਗ ਨਟ-ਨਾਰਾਇਨ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਪੜਤਾਲ'।

41930	977	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
41931	977	ਮੇਰੇ ਮਨ ਸੇਵ ਸਫਲ ਹਰਿ ਘਾਲ॥		Maerae Man Saev Safal Har Ghaal ||	O my mind, serve the Lord, and receive the fruits of your rewards.	ਹੇ ਮੇਰੇ ਮਨ! ਪਰਮਾਤਮਾ ਦੀ ਸੇਵਾ-ਭਗਤੀ (ਕਰ, ਇਹ) ਮਿਹਨਤ ਫਲ ਦੇਣ ਵਾਲੀ ਹੈ।
41932	977	ਲੇ ਗੁਰ ਪਗ ਰੇਨ ਰਵਾਲ॥	ਪਗ: ਪੋਲਾ ਬੋਲੋ	Lae Gur Pag Raen Ravaal ||	Receive the dust of the Guru's feet.	ਗੁਰੂ ਦੇ ਚਰਨਾਂ ਦੀ ਧੂੜ ਲੈ ਕੇ (ਆਪਣੇ ਮੱਥੇ ਉੱਤੇ ਲਾ,
41933	977	ਸਭਿ ਦਾਲਿਦ ਭੰਜਿ ਦੁਖ ਦਾਲ॥		Sabh Dhalidh Bhanj Dhukh Dhaal ||	All poverty will be eliminated, and your pains will disappear.	ਇਸ ਤਰ੍ਹਾਂ ਆਪਣੇ) ਸਾਰੇ ਦਰਿੱਦਰ ਨਾਸ ਕਰ ਲੈ, (ਗੁਰੂ ਦੇ ਚਰਨਾਂ ਦੀ ਧੂੜ) ਸਾਰੇ ਦੁੱਖਾਂ ਦੇ ਦਲਣ ਵਾਲੀ ਹੈ।
41934	977	ਹਰਿ ਹੋ ਹੋ ਹੋ ਨਦਰਿ ਨਿਹਾਲ॥੧॥ਰਹਾਉ॥		Har Ho Ho Ho Nadhar Nihaal ||1|| Rehaao ||	The Lord shall bless you with His Glance of Grace, and you shall be enraptured. ||1||Pause||	ਹੇ ਮਨ! ਹੇ ਮਨ! ਹੇ ਮਨ! ਪਰਮਾਤਮਾ ਦੀ ਮਿਹਰ ਦੀ ਨਿਗਾਹ ਨਾਲ ਨਿਹਾਲ ਹੋ ਜਾਈਦਾ ਹੈ ॥੧॥ ਰਹਾਉ ॥

41935	977	ਹਰਿ ਕਾ ਗ੍ਰਿਹੁ ਹਰਿ ਆਪਿ ਸਵਾਰਿਓ ਹਰਿ ਰੰਗ ਰੰਗ ਮਹਲ ਬੇਅੰਤ ਲਾਲ ਲਾਲ ਹਰਿ ਲਾਲ॥		Har Kaa Grihu Har Aap Savaariou Har Rang Rang Mehal Baeanth Laal Laal Har Laal ||	The Lord Himself embellishes His household. The Lord's Mansion of Love is studded with countless jewels, the jewels of the Beloved Lord.	(ਇਹ ਮਨੁੱਖਾ ਸਰੀਰ) ਪਰਮਾਤਮਾ ਦਾ ਘਰ ਹੈ, ਪਰਮਾਤਮਾ ਨੇ ਆਪ ਇਸ ਨੂੰ ਸਜਾਇਆ ਹੈ, ਉਸ ਬੇਅੰਤ ਅਤੇ ਅੱਤ ਸੋਹਣੇ ਪ੍ਰਭੂ ਦਾ (ਇਹ ਮਨੁੱਖਾ ਸਰੀਰ) ਰੰਗ-ਮਹਲ ਹੈ।
41936	977	ਹਰਿ ਆਪਨੀ ਕ੍ਰਿਪਾ ਕਰੀ ਆਪਿ ਗ੍ਰਿਹਿ ਆਇਓ ਹਮ ਹਰਿ ਕੀ ਗੁਰ ਕੀਈ ਹੈ ਬਸੀਠੀ ਹਮ ਹਰਿ ਦੇਖੇ ਭਈ ਨਿਹਾਲ ਨਿਹਾਲ ਨਿਹਾਲ ਨਿਹਾਲ॥੧॥	(ਬਸੀਠੀ) ਵਿਚੋਲਗੀ। ਗਰਿਹਿ। ਕੀ-ਈ।	Har Aapanee Kirapaa Karee Aap Grihi Aaeiou Ham Har Kee Gur Keeee Hai Baseethee Ham Har Dhaekhae Bhee Nihaal Nihaal Nihaal Nihaal ||1||	The Lord Himself has granted His Grace, and He has come into my home.The Guru is my advocate before the Lord. Gazing upon the Lord, I have become blissful, blissful, blissful. ||1||	ਜਿਸ ਉੱਤੇ ਪਰਮਾਤਮਾ ਨੇ ਆਪਣੀ ਕਿਰਪਾ ਕੀਤੀ, (ਉਸ ਦੇ ਹਿਰਦੇ-) ਘਰ ਵਿਚ ਉਹ ਆਪ ਆ ਵੱਸਦਾ ਹੈ। ਮੈਂ ਉਸ ਪਰਮਾਤਮਾ ਦੇ ਮਿਲਾਪ ਲਈ ਗੁਰੂ ਦਾ ਵਿਚੋਲਾ-ਪਨ ਕੀਤਾ ਹੈ (ਗੁਰੂ ਨੂੰ ਵਿਚੋਲਾ ਬਣਾਇਆ ਹੈ, ਗੁਰੂ ਦੀ ਸਰਨ ਲਈ ਹੈ। ਗੁਰੂ ਦੀ ਕਿਰਪਾ ਨਾਲ) ਉਸ ਹਰੀ ਨੂੰ ਵੇਖ ਕੇ ਨਿਹਾਲ ਹੋ ਗਈ ਹਾਂ, ਬਹੁਤ ਹੀ ਨਿਹਾਲ ਹੋ ਗਈ ਹਾਂ ॥੧॥

41937	977	ਹਰਿ ਆਵਤੇ ਕੀ ਖਬਰਿ ਗੁਰਿ ਪਾਈ ਮਨਿ ਤਨਿ ਆਨਦੋ ਆਨੰਦ ਭਏ ਹਰਿ ਆਵਤੇ ਸੁਨੇ ਮੇਰੇ ਲਾਲ ਹਰਿ ਲਾਲ॥		Har Aavathae Kee Khabar Gur Paaee Man Than Aanadho Aanandh Bheae Har Aavathae Sunae Maerae Laal Har Laal ||	From the Guru, I received news of the Lord's arrival. My mind and body became ecstatic and blissful, hearing of the arrival of the Lord, my Beloved Love, my Lord.	ਗੁਰੂ ਦੀ ਰਾਹੀਂ ਹੀ (ਜਦੋਂ) ਮੈਂ (ਆਪਣੇ ਹਿਰਦੇ ਵਿਚ) ਪਰਮਾਤਮਾ ਦੇ ਆ ਵੱਸਣ ਦੀ ਖ਼ਬਰ ਸੁਣੀ, (ਜਦੋਂ) ਮੈਂ ਸੋਹਣੇ ਲਾਲ-ਪ੍ਰਭੂ ਦਾ ਆਉਣਾ ਸੁਣਿਆ, ਮੇਰੇ ਮਨ ਵਿਚ ਮੇਰੇ ਤਨ ਵਿਚ ਖ਼ੁਸ਼ੀਆਂ ਹੀ ਖ਼ੁਸ਼ੀਆਂ ਹੋ ਗਈਆਂ।
41938	977	ਜਨੁ ਨਾਨਕੁ ਹਰਿ ਹਰਿ ਮਿਲੇ ਭਏ ਗਲਤਾਨ ਹਾਲ ਨਿਹਾਲ ਨਿਹਾਲ॥੨॥੧॥੭॥	(ਗਲਤਾਨ) ਮਸਤ। (ਹਾਲ) ਹਾਲਤ	Jan Naanak Har Har Milae Bheae Galathaan Haal Nihaal Nihaal ||2||1||7||	Servant Nanak has met with the Lord, Har, Har; he is intoxicated, enraptured, enraptured. ||2||1||7||	(ਗੁਰੂ ਦੀ ਕਿਰਪਾ ਨਾਲ) ਦਾਸ ਨਾਨਕ ਉਸ ਪਰਮਾਤਮਾ ਨੂੰ ਮਿਲ ਕੇ ਮਸਤ-ਹਾਲ ਹੋ ਗਿਆ, ਨਿਹਾਲ ਹੋ ਗਿਆ, ਨਿਹਾਲ ਹੋ ਗਿਆ ॥੨॥੧॥੭॥
41939	977	ਨਟ ਮਹਲਾ ੪॥		Natt Mehalaa 4 ||	Nat, Fourth Mehl:	
41940	977	ਮਨ ਮਿਲੁ ਸੰਤਸੰਗਤਿ ਸੁਭਵੰਤੀ॥		Man Mil Santhasangath Subhavanthee ||	O mind, join the Society of the Saints, and become noble and exalted.	ਹੇ (ਮੇਰੇ) ਮਨ! ਗੁਰੂ ਦੀ ਸੰਗਤ ਵਿਚ ਜੁੜਿਆ ਰਹੁ, (ਇਹ ਸੰਗਤ) ਭਲੇ ਗੁਣ ਪੈਦਾ ਕਰਨ ਵਾਲੀ ਹੈ।

41941	977	ਸੁਨਿ ਅਕਥ ਕਥਾ ਸੁਖਵੰਤੀ॥	ਅ-ਕਥ: ਪੋਲਾ ਬੋਲੋ	Sun Akathh Kathhaa Sukhavanthee ||	Listen to the Unspoken Speech of the peace-giving Lord.	(ਹੇ ਮੇਰੇ ਮਨ!) ਅਕੱਥ ਪਰਮਾਤਮਾ ਦੀ ਸਿਫ਼ਤ-ਸਾਲਾਹ (ਗੁਰੂ ਦੀ ਸੰਗਤ ਵਿਚ) ਸੁਣਿਆ ਕਰ, (ਇਹ ਸਿਫ਼ਤ-ਸਾਲਾਹ) ਆਤਮਕ ਆਨੰਦ ਦੇਣ ਵਾਲੀ ਹੈ;
41942	977	ਸਭ ਕਿਲਵਿਖ ਪਾਪ ਲਹੰਤੀ॥		Sabh Kilavikh Paap Lehanthee ||	All sins will be washed away.	ਹੇ ਮਨ! ਇਹ ਸਾਰੇ ਪਾਪ ਵਿਕਾਰ ਦੂਰ ਕਰ ਦੇਂਦੀ ਹੈ;
41943	977	ਹਰਿ ਹੋ ਹੋ ਹੋ ਲਿਖਤੁ ਲਿਖੰਤੀ॥੧॥ਰਹਾਉ ॥		Har Ho Ho Ho Likhath Likhanthee ||1|| Rehaao ||	Meet with the Lord, according to your pre-ordained destiny. ||1||Pause||	ਹੇ ਮਨ! (ਇਹ ਕਥਾ ਤੇਰੇ ਅੰਦਰ) ਹਰਿ-ਨਾਮ ਦਾ ਲੇਖ ਲਿਖਣ-ਜੋਗੀ ਹੈ ॥੧॥ ਰਹਾਉ ॥
41944	977	ਹਰਿ ਕੀਰਤਿ ਕਲਜੁਗ ਵਿਚਿ ਊਤਮ ਮਤਿ ਗੁਰਮਤਿ ਕਥਾ ਭਜੰਤੀ॥		Har Keerath Kalajug Vich Ootham Math Guramath Kathhaa Bhajanthee ||	In this Dark Age of Kali Yuga, the Kirtan of the Lord's Praise is lofty and exalted. Following the Guru's Teachings, the intellect dwells on the sermon of the Lord.	ਹੇ ਮਨ! ਇਸ ਸੰਸਾਰ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ, ਗੁਰੂ ਦੀ ਸਿੱਖਿਆ ਉਤੇ ਤੁਰ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਸ੍ਰੇਸ਼ਟ ਕਰਮ ਹੈ।

41945	977	ਜਿਨਿ ਜਨਿ ਸੁਣੀ ਮਨੀ ਹੈ ਜਿਨਿ ਜਨਿ ਤਿਸੁ ਜਨ ਕੈ ਹਉ ਕੁਰਬਾਨੰਤੀ॥੧॥	ਮੰਨੀ। ਕੁਰਬਾ-ਨੰਤੀ	Jin Jan Sunee Manee Hai Jin Jan This Jan Kai Ho Kurabaananthee ||1||	I am a sacrifice to that person who listens and believes. ||1||	ਹੇ ਮਨ! ਜਿਸ ਮਨੁੱਖ ਨੇ ਇਹ ਸਿਫ਼ਤ-ਸਾਲਾਹ ਸੁਣੀ ਹੈ ਜਿਸ ਮਨੁੱਖ ਨੇ ਇਹ ਸਿਫ਼ਤ-ਸਾਲਾਹ ਮਨ ਵਿਚ ਵਸਾਈ ਹੈ, ਮੈਂ ਉਸ ਮਨੁੱਖ ਤੋਂ ਸਦਕੇ ਜਾਂਦਾ ਹਾਂ ॥੧॥
41946	977	ਹਰਿ ਅਕਥ ਕਥਾ ਕਾ ਜਿਨਿ ਰਸੁ ਚਾਖਿਆ ਤਿਸੁ ਜਨ ਸਭ ਭੂਖ ਲਹੰਤੀ॥	ਅ-ਕਥ: ਪੋਲਾ ਬੋਲੋ	Har Akathh Kathhaa Kaa Jin Ras Chaakhiaa This Jan Sabh Bhookh Lehanthee ||	One who tastes the sublime essence of the Unspoken Speech of the Lord - all his hunger is satisfied.	ਹੇ ਮਨ! ਅਕੱਥ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਸੁਆਦ ਜਿਸ ਮਨੁੱਖ ਨੇ ਚੱਖਿਆ ਹੈ, ਇਹ ਉਸ ਮਨੁੱਖ ਦੀ (ਮਾਇਆ ਦੀ) ਸਾਰੀ ਭੁੱਖ ਦੂਰ ਕਰ ਦੇਂਦੀ ਹੈ।
41947	977	ਨਾਨਕ ਜਨ ਹਰਿ ਕਥਾ ਸੁਣਿ ਤ੍ਰਿਪਤੇ ਜਪਿ ਹਰਿ ਹਰਿ ਹਰਿ ਹੋਵੰਤੀ॥੨॥੨॥੮॥		Naanak Jan Har Kathhaa Sun Thripathae Jap Har Har Har Hovanthee ||2||2||8||	Servant Nanak listens to the sermon of the Lord, and is satisfied; chanting the Lord's Name, Har, Har, Har, he has become like the Lord. ||2||2||8||	ਹੇ ਨਾਨਕ! ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣ ਕੇ ਉਸ ਦੇ ਸੇਵਕ (ਮਾਇਆ ਵਲੋਂ) ਰੱਜ ਜਾਂਦੇ ਹਨ, ਪਰਮਾਤਮਾ ਦਾ ਨਾਮ ਜਪ ਕੇ ਉਹ ਪਰਮਾਤਮਾ ਦਾ ਰੂਪ ਹੋ ਜਾਂਦੇ ਹਨ ॥੨॥੨॥੮॥
41948	977	ਨਟ ਮਹਲਾ ੪॥		Natt Mehalaa 4 ||	Nat, Fourth Mehl:	

41949	977	ਕੋਈ ਆਨਿ ਸੁਨਾਵੈ ਹਰਿ ਕੀ ਹਰਿ ਗਾਲ॥		Koee Aan Sunaavai Har Kee Har Gaal ||	If only someone would come and tell me the Lord's sermon.	ਜੇ ਕੋਈ ਮਨੁੱਖ (ਗੁਰੂ ਪਾਸੋਂ ਸੁਨੇਹਾ) ਲਿਆ ਕੇ ਮੈਨੂੰ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਗੱਲ ਸੁਣਾਏ;
41950	977	ਤਿਸ ਕਉ ਹਉ ਬਲਿ ਬਲਿ ਬਾਲ॥		This Ko Ho Bal Bal Baal ||	I would be a sacrifice, a sacrifice, a sacrifice to him.	ਤਾਂ ਮੈਂ ਉਸ ਤੋਂ ਸਦਕੇ ਜਾਵਾਂ, ਕੁਰਬਾਨ ਜਾਵਾਂ।
41951	977	ਸੋ ਹਰਿ ਜਨੁ ਹੈ ਭਲ ਭਾਲ॥		So Har Jan Hai Bhal Bhaal ||	That humble servant of the Lord is the best of the best.	ਉਹ ਮਨੁੱਖ (ਮੇਰੇ ਭਾ ਦਾ) ਭਲਾ ਹੈ ਭਾਗਾਂ ਵਾਲਾ ਹੈ।
41952	978	ਹਰਿ ਹੋ ਹੋ ਹੋ ਮੇਲਿ ਨਿਹਾਲ॥੧॥ਰਹਾਉ॥		Har Ho Ho Ho Mael Nihaal ||1|| Rehaao ||	Meeting with the Lord, you be enraptured. ||1||Pause||	(ਇਹੋ ਜਿਹੇ ਮਨੁੱਖ ਦੀ ਸੰਗਤ ਵਿਚ) ਮਿਲਾ ਕੇ ਪਰਮਾਤਮਾ (ਅਨੇਕਾਂ ਨੂੰ) ਨਿਹਾਲ ਕਰਦਾ ਹੈ ॥੧॥ ਰਹਾਉ ॥
41953	978	ਹਰਿ ਕਾ ਮਾਰਗੁ ਗੁਰ ਸੰਤਿ ਬਤਾਇਓ ਗੁਰਿ ਚਾਲ ਦਿਖਾਈ ਹਰਿ ਚਾਲ॥		Har Kaa Maarag Gur Santh Bathaaeiou Gur Chaal Dhikhaaee Har Chaal ||	The Guru, the Saint, has shown me the Lord's Path. The Guru has shown me the way to walk on the Lord's Path.	ਸੰਤ-ਗੁਰੂ ਨੇ ਪਰਮਾਤਮਾ ਨੂੰ ਮਿਲਣ ਦਾ ਰਸਤਾ ਦੱਸਿਆ ਹੈ, ਗੁਰੂ ਨੇ ਪਰਮਾਤਮਾ ਦੇ ਰਾਹ ਉਤੇ ਤੁਰਨ ਦੀ ਜਾਚ ਸਿਖਾਈ ਹੈ,

41954	978	ਅੰਤਰਿ ਕਪਟੁ ਚੁਕਾਵਹੁ ਮੇਰੇ ਗੁਰਸਿਖਹੁ ਨਿਹਕਪਟ ਕਮਾਵਹੁ ਹਰਿ ਕੀ ਹਰਿ ਘਾਲ ਨਿਹਾਲ ਨਿਹਾਲ ਨਿਹਾਲ॥੧॥		Anthar Kapatt Chukaavahu Maerae Gurasikhahu Nihakapatt Kamaavahu Har Kee Har Ghaal Nihaal Nihaal Nihaal ||1||	Cast out deception from within yourself, O my Gursikhs, and without deception, serve the Lord. You shall be enraptured, enraptured, enraptured. ||1||	(ਤੇ ਆਖਿਆ ਹੈ-) ਹੇ ਗੁਰਸਿੱਖੋ! ਆਪਣੇ ਅੰਦਰੋਂ ਵਲ-ਛਲ ਦੂਰ ਕਰੋ, ਨਿਰ-ਛਲ ਹੋ ਕੇ ਪਰਮਾਤਮਾ ਦੇ ਸਿਮਰਨ ਦੀ ਮਿਹਨਤ ਕਰੋ, (ਇਸ ਤਰ੍ਹਾਂ) ਨਿਹਾਲ ਨਿਹਾਲ ਹੋ ਜਾਈਦਾ ਹੈ ॥੧॥
41955	978	ਤੇ ਗੁਰ ਕੇ ਸਿਖ ਮੇਰੇ ਹਰਿ ਪ੍ਰਭਿ ਭਾਏ ਜਿਨਾ ਹਰਿ ਪ੍ਰਭੁ ਜਾਨਿਓ ਮੇਰਾ ਨਾਲਿ॥		Thae Gur Kae Sikh Maerae Har Prabh Bhaaeae Jinaa Har Prabh Jaaniou Maeraa Naal ||	Those Sikhs of the Guru, who realize that my Lord God is with them, are pleasing to my Lord God.	ਮੇਰੇ ਗੁਰੂ ਦੇ ਉਹ ਸਿੱਖ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ, ਜਿਨ੍ਹਾਂ ਨੇ ਇਹ ਜਾਣ ਲਿਆ ਹੈ ਕਿ ਪਰਮਾਤਮਾ ਸਾਡੇ ਨੇੜੇ ਵੱਸ ਰਿਹਾ ਹੈ।

41956	978	ਜਨ ਨਾਨਕ ਕਉ ਮਤਿ ਹਰਿ ਪ੍ਰਭਿ ਦੀਨੀ ਹਰਿ ਦੇਖਿ ਨਿਕਟਿ ਹਦੂਰਿ ਨਿਹਾਲ ਨਿਹਾਲ ਨਿਹਾਲ ਨਿਹਾਲ॥੨॥੩॥੯॥		Jan Naanak Ko Math Har Prabh Dheenee Har Dhaekh Nikatt Hadhoor Nihaal Nihaal Nihaal Nihaal ||2||3||9||	The Lord God has blessed servant Nanak with understanding; seeing his Lord hear at hand, his is enraptured, enraptured, enraptured, enraptured. ||2||3||9||	ਹੇ ਨਾਨਕ! ਜਿਨ੍ਹਾਂ ਸੇਵਕਾਂ ਨੂੰ ਪਰਮਾਤਮਾ ਨੇ ਇਹ ਸੂਝ ਬਖ਼ਸ਼ ਦਿੱਤੀ, ਉਹ ਸੇਵਕ ਪਰਮਾਤਮਾ ਨੂੰ ਆਪਣੇ ਨੇੜੇ-ਵੱਸਦਾ ਵੇਖ ਕੇ ਆਪਣੇ ਅੰਗ-ਸੰਗ ਵੱਸਦਾ ਵੇਖ ਕੇ ਹਰ ਵੇਲੇ ਪ੍ਰਸੰਨ-ਚਿੱਤ ਰਹਿੰਦੇ ਹਨ ॥੨॥੩॥੯॥
41957	978	ਰਾਗੁ ਨਟ ਨਾਰਾਇਨ ਮਹਲਾ ੫		Raag Natt Naaraaein Mehalaa 5	Raag Nat Naaraayan, Fifth Mehl:	ਰਾਗ ਨਟ-ਨਾਰਾਇਨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
41958	978	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
41959	978	ਰਾਮ ਹਉ ਕਿਆ ਜਾਨਾ ਕਿਆ ਭਾਵੈ॥		Raam Ho Kiaa Jaanaa Kiaa Bhaavai ||	O Lord, how can I know what pleases You?	ਹੇ ਪਰਮਾਤਮਾ! ਮੈਂ ਇਹ ਤਾਂ ਨਹੀਂ ਜਾਣਦਾ ਕਿ ਤੈਨੂੰ ਕੀਹ ਚੰਗਾ ਲੱਗਦਾ ਹੈ,

41960	978	ਮਨਿ ਪਿਆਸ ਬਹੁਤੁ ਦਰਸਾਵੈ॥੧॥ਰਹਾਉ ॥		Man Piaas Bahuth Dharasaavai ||1|| Rehaao ||	Within my mind is such a great thirst for the Blessed Vision of Your Darshan. ||1||Pause||	(ਭਾਵ, ਮੇਰੀ ਤਾਂਘ ਪਸੰਦ ਹੈ ਜਾਂ ਨਹੀਂ, ਪਰ) ਮੇਰੇ ਮਨ ਵਿਚ ਤੇਰੇ ਦਰਸ਼ਨ ਦੀ ਤਾਂਘ ਬਹੁਤ ਹੈ ॥੧॥ ਰਹਾਉ ॥
41961	978	ਸੋਈ ਗਿਆਨੀ ਸੋਈ ਜਨੁ ਤੇਰਾ ਜਿਸੁ ਊਪਰਿ ਰੁਚ ਆਵੈ॥		Soee Giaanee Soee Jan Thaeraa Jis Oopar Ruch Aavai ||	He alone is a spiritual teacher, and he alone is Your humble servant, to whom You have given Your approval.	ਹੇ ਸਰਬ-ਵਿਆਪਕ! ਹੇ ਸਿਰਜਣਹਾਰ! ਉਹੀ ਮਨੁੱਖ ਉੱਚੇ ਆਤਮਕ ਜੀਵਨ ਦੀ ਸੂਝ ਵਾਲਾ ਹੈ, ਉਹੀ ਮਨੁੱਖ ਤੇਰਾ ਸੇਵਕ ਹੈ, ਜਿਸ ਉੱਤੇ ਤੇਰੀ ਖ਼ੁਸ਼ੀ ਹੁੰਦੀ ਹੈ।
41962	978	ਕ੍ਰਿਪਾ ਕਰਹੁ ਜਿਸੁ ਪੁਰਖ ਬਿਧਾਤੇ ਸੋ ਸਦਾ ਸਦਾ ਤੁਧੁ ਧਿਆਵੈ ॥੧॥		Kirapaa Karahu Jis Purakh Bidhhaathae So Sadhaa Sadhaa Thudhh Dhhiaavai ||1||	He alone meditates on You forever and ever, O Primal Lord, O Architect of Destiny, unto whom You grant Your Grace. ||1||	ਹੇ ਪ੍ਰਭੂ! ਜਿਸ ਉੱਤੇ ਤੂੰ ਮਿਹਰ ਕਰਦਾ ਹੈਂ, ਉਹ ਤੈਨੂੰ ਸਦਾ ਹੀ ਸਿਮਰਦਾ ਰਹਿੰਦਾ ਹੈ ॥੧॥
41963	978	ਕਵਨ ਜੋਗ ਕਵਨ ਗਿਆਨ ਧਿਆਨਾ ਕਵਨ ਗੁਨੀ ਰੀਝਾਵੈ॥		Kavan Jog Kavan Giaan Dhhiaanaa Kavan Gunee Reejhaavai ||	What sort of Yoga, what spiritual wisdom and meditation, and what virtues please You?	ਉਹ ਕਿਹੜੇ ਜੋਗ-ਸਾਧਨ ਹਨ? ਕਿਹੜੀਆਂ ਗਿਆਨ ਦੀਆਂ ਗੱਲਾਂ ਹਨ? ਕਿਹੜੀਆਂ ਸਮਾਧੀਆਂ ਹਨ? ਕਿਹੜੇ ਗੁਣ ਹਨ ਜਿਨ੍ਹਾਂ ਨਾਲ ਕੋਈ ਮਨੁੱਖ ਪਰਮਾਤਮਾ ਨੂੰ ਪ੍ਰਸੰਨ ਕਰ ਸਕਦਾ ਹੈ? (ਮਨੁੱਖ ਦੇ ਆਪਣੇ ਇਹੋ ਜਿਹੇ ਕੋਈ ਜਤਨ ਕਾਮਯਾਬ ਨਹੀਂ ਹੁੰਦੇ)।

41964	978	ਸੋਈ ਜਨੁ ਸੋਈ ਨਿਜ ਭਗਤਾ ਜਿਸੁ ਊਪਰਿ ਰੰਗੁ ਲਾਵੈ॥੨॥		Soee Jan Soee Nij Bhagathaa Jis Oopar Rang Laavai ||2||	He alone is a humble servant, and he alone is God's own devotee, with whom You are in love. ||2||	ਉਹੀ ਮਨੁੱਖ ਪ੍ਰਭੂ ਦਾ ਸੇਵਕ ਹੈ, ਉਹੀ ਮਨੁੱਖ ਪ੍ਰਭੂ ਦਾ ਪਿਆਰਾ ਭਗਤ ਹੈ, ਜਿਸ ਉਤੇ ਉਹ ਆਪ ਆਪਣੇ ਪਿਆਰ ਦਾ ਰੰਗ ਚਾੜ੍ਹਦਾ ਹੈ ॥੨॥
41965	978	ਸਾਈ ਮਤਿ ਸਾਈ ਬੁਧਿ ਸਿਆਨਪ ਜਿਤੁ ਨਿਮਖ ਨ ਪ੍ਰਭੁ ਬਿਸਰਾਵੈ॥		Saaee Math Saaee Budhh Siaanap Jith Nimakh N Prabh Bisaraavai ||	That alone is intelligence, that alone is wisdom and cleverness, which inspires one to never forget God, even for an instant.	ਉਹੀ ਸਮਝ (ਚੰਗੀ ਹੈ), ਉਹੀ ਬੁੱਧੀ ਤੇ ਸਿਆਣਪ (ਚੰਗੀ ਹੈ), ਜਿਸ ਦੀ ਰਾਹੀਂ ਮਨੁੱਖ ਪਰਮਾਤਮਾ ਨੂੰ ਅੱਖ ਝਮਕਣ ਜਿਤਨੇ ਸਮੇ ਲਈ ਭੀ ਨਹੀਂ ਭੁਲਾਂਦਾ।
41966	978	ਸੰਤਸੰਗਿ ਲਗਿ ਏਹੁ ਸੁਖੁ ਪਾਇਓ ਹਰਿ ਗੁਨ ਸਦ ਹੀ ਗਾਵੈ॥੩॥		Santhasang Lag Eaehu Sukh Paaeiou Har Gun Sadh Hee Gaavai ||3||	Joining the Society of the Saints, I have found this peace, singing forever the Glorious Praises of the Lord. ||3||	(ਜਿਸ ਮਨੁੱਖ ਨੇ) ਗੁਰੂ ਦੇ ਚਰਨਾਂ ਵਿਚ ਬੈਠ ਕੇ ਇਹ (ਹਰਿ-ਨਾਮ-ਸਿਮਰਨ) ਸੁਖ ਹਾਸਲ ਕਰ ਲਿਆ, ਉਹ ਸਦਾ ਹੀ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੩॥
41967	978	ਦੇਖਿਓ ਅਚਰਜੁ ਮਹਾ ਮੰਗਲ ਰੂਪ ਕਿਛੁ ਆਨ ਨਹੀ ਦਿਸਟਾਵੈ॥	ਅ-ਚਰਜੁ	Dhaekhiou Acharaj Mehaa Mangal Roop Kishh Aan Nehee Dhisattaavai ||	I have seen the Wondrous Lord, the embodiment of supreme bliss, and now, I see nothing else at all.	ਜਿਸ ਮਨੁੱਖ ਨੇ ਅਚਰਜ-ਰੂਪ ਮਹਾਂ ਆਨੰਦ-ਰੂਪ ਪਰਮਾਤਮਾ ਦਾ ਦਰਸਨ ਕਰ ਲਿਆ, ਉਸ ਨੂੰ (ਉਸ ਵਰਗੀ) ਕੋਈ ਹੋਰ ਚੀਜ਼ ਨਹੀਂ ਦਿੱਸਦੀ।

41968	978	ਕਹੁ ਨਾਨਕ ਮੋਰਚਾ ਗੁਰਿ ਲਾਹਿਓ ਤਹ ਗਰਭ ਜੋਨਿ ਕਹ ਆਵੈ॥੪॥੧॥		Kahu Naanak Morachaa Gur Laahiou Theh Garabh Jon Keh Aavai ||4||1||	Says Nanak, the Guru has rubbed sway the rust; now how could I ever enter the womb of reincarnation again? ||4||1||	ਨਾਨਕ ਆਖਦਾ ਹੈ- ਗੁਰੂ ਨੇ (ਜਿਸ ਮਨੁੱਖ ਦੇ ਮਨ ਤੋਂ ਵਿਕਾਰਾਂ ਦਾ) ਜੰਗਾਲ ਲਾਹ ਦਿੱਤਾ ਉਥੇ ਜਨਮ ਮਰਨ ਦਾ ਗੇੜ ਕਦੇ ਨੇੜੇ ਭੀ ਨਹੀਂ ਢੁਕ ਸਕਦਾ ॥੪॥੧॥
41969	978	ਨਟ ਨਾਰਾਇਨ ਮਹਲਾ ੫ ਦੁਪਦੇ	ਦੁ-ਪਦੇ	Natt Naaraaein Mehalaa 5 Dhupadhae	Raag Nat Naaraayan, Fifth Mehl, Du-Padas:	ਰਾਗ ਨਟ-ਨਾਰਾਇਨ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
41970	978	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
41971	978	ਉਲਾਹਨੋ ਮੈ ਕਾਹੂ ਨ ਦੀਓ॥	(ਉਲਾਹਨੋ) ਉਲਾਂਭਾ	Oulaahano Mai Kaahoo N Dheeou ||	I don't blame anyone else.	(ਹੇ ਪ੍ਰਭੂ! ਜਦੋਂ ਤੋਂ ਕਿਸੇ ਵਲੋਂ ਕਿਸੇ ਵਧੀਕੀ ਦਾ) ਉਲਾਹਮਾ ਮੈਂ ਕਿਸੇ ਨੂੰ ਕਦੇ ਨਹੀਂ ਦਿੱਤਾ,
41972	978	ਮਨ ਮੀਠ ਤੁਹਾਰੋ ਕੀਓ॥੧॥ਰਹਾਉ॥		Man Meeth Thuhaaro Keeou ||1|| Rehaao ||	Whatever You do is sweet to my mind. ||1||Pause||	(ਗੁਰੂ ਦੀ ਕਿਰਪਾ ਨਾਲ ਤਦੋਂ ਤੋਂ) (ਤੇਰਾ ਕੀਤਾ (ਹਰੇਕ ਕੰਮ) ਮੇਰੇ ਮਨ ਨੂੰ ਮਿੱਠਾ ਲੱਗਣ ਲੱਗ ਪਿਆ ਹੈ ॥੧॥ ਰਹਾਉ ॥
41973	978	ਆਗਿਆ ਮਾਨਿ ਜਾਨਿ ਸੁਖੁ ਪਾਇਆ ਸੁਨਿ ਸੁਨਿ ਨਾਮੁ ਤੁਹਾਰੋ ਜੀਓ॥		Aagiaa Maan Jaan Sukh Paaeiaa Sun Sun Naam Thuhaaro Jeeou ||	Understanding and obeying Your Order, I have found peace; hearing, listening to Your Name, I live.	ਹੇ ਪ੍ਰਭੂ! ਤੇਰੀ ਰਜ਼ਾ ਨੂੰ (ਮਿੱਠੀ) ਮੰਨ ਕੇ, ਤੇਰੀ ਰਜ਼ਾ ਨੂੰ ਸਮਝ ਕੇ ਮੈਂ ਸੁਖ ਹਾਸਲ ਕਰ ਲਿਆ ਹੈ, ਤੇਰਾ ਨਾਮ ਸੁਣ ਸੁਣ ਕੇ ਮੈਂ ਉੱਚਾ ਆਤਮਕ ਜੀਵਨ ਹਾਸਲ ਕਰ ਲਿਆ ਹੈ।

41974	978	ਈਹਾਂ ਊਹਾ ਹਰਿ ਤੁਮ ਹੀ ਤੁਮ ਹੀ ਇਹੁ ਗੁਰ ਤੇ ਮੰਤ੍ਰੁ ਦ੍ਰਿੜੀਓ॥੧॥		Eehaan Oohaa Har Thum Hee Thum Hee Eihu Gur Thae Manthra Dhrirreeou ||1||	Here and hereafter, O Lord, You, only You. The Guru has implanted this Mantra within me. ||1||	ਮੈਂ ਗੁਰੂ ਪਾਸੋਂ ਇਹ ਉਪਦੇਸ਼ (ਲੈ ਕੇ ਆਪਣੇ ਮਨ ਵਿਚ) ਪੱਕਾ ਕਰ ਲਿਆ ਹੈ ਕਿ ਇਸ ਲੋਕ ਵਿਚ ਅਤੇ ਪਰਲੋਕ ਵਿਚ ਤੂੰ ਹੀ ਸਿਰਫ਼ ਤੂੰ ਹੀ (ਮੇਰਾ ਸਹਾਈ ਹੈਂ) ॥੧॥
41975	978	ਜਬ ਤੇ ਜਾਨਿ ਪਾਈ ਏਹ ਬਾਤਾ ਤਬ ਕੁਸਲ ਖੇਮ ਸਭ ਥੀਓ॥		Jab Thae Jaan Paaee Eaeh Baathaa Thab Kusal Khaem Sabh Thheeou ||	Since I came to realize this, I have been blessed with total peace and pleasure.	ਹੇ ਭਾਈ! ਜਦੋਂ ਤੋਂ (ਗੁਰੂ ਪਾਸੋਂ) ਮੈਂ ਇਹ ਗੱਲ ਸਮਝੀ ਹੈ, ਤਦੋਂ ਤੋਂ (ਮੇਰੇ ਅੰਦਰ) ਹਰੇਕ ਕਿਸਮ ਦਾ ਸੁਖ-ਆਨੰਦ ਬਣਿਆ ਰਹਿੰਦਾ ਹੈ।
41976	978	ਸਾਧਸੰਗਿ ਨਾਨਕ ਪਰਗਾਸਿਓ ਆਨ ਨਾਹੀ ਰੇ ਬੀਓ॥ ੨॥੧॥੨॥		Saadhhasang Naanak Paragaasiou Aan Naahee Rae Beeou ||2||1||2||	In the Saadh Sangat, the Company of the Holy, this has been revealed to Nanak, and now, there is no other for him at all. ||2||1||2||	ਹੇ ਨਾਨਕ! (ਆਖ ਕਿ ਸਾਧ ਸੰਗਤ ਵਿਚ (ਗੁਰੂ ਨੇ ਮੇਰੇ ਅੰਦਰ ਆਤਮਕ ਜੀਵਨ ਦਾ ਇਹ) ਚਾਨਣ ਕਰ ਦਿੱਤਾ ਹੈ ਕਿ (ਪਰਮਾਤਮਾ ਤੋਂ ਬਿਨਾ) ਕੋਈ ਹੋਰ ਦੂਜਾ (ਕੁਝ ਭੀ ਕਰਨ-ਜੋਗਾ) ਨਹੀਂ ਹੈ ॥੨॥੧॥੨॥
41977	978	ਨਟ ਮਹਲਾ ੫॥		Natt Mehalaa 5 ||	Nat, Fifth Mehl:	
41978	978	ਜਾ ਕਉ ਭਈ ਤੁਮਾਰੀ ਧੀਰ॥		Jaa Ko Bhee Thumaaree Dhheer ||	Whoever has You for support,	ਹੇ ਪ੍ਰਭੂ! ਜਿਸ ਮਨੁੱਖ ਨੂੰ ਤੇਰੀ ਦਿੱਤੀ ਧੀਰਜ ਮਿਲ ਗਈ,

41979	978	ਜਮ ਕੀ ਤ੍ਰਾਸ ਮਿਟੀ ਸੁਖੁ ਪਾਇਆ ਨਿਕਸੀ ਹਉਮੈ ਪੀਰ॥੧॥ਰਹਾਉ॥	ਬੁਝਾਨੀ: ਪੋਲਾ ਬੋਲੋ	Jam Kee Thraas Mittee Sukh Paaeiaa Nikasee Houmai Peer ||1|| Rehaao ||	Has the fear of death removed; peace is found, and the disease of egotism is taken away. ||1||Pause||	ਉਸ ਦੇ ਅੰਦਰੋਂ ਮੌਤ ਦਾ ਹਰ ਵੇਲੇ ਦਾ ਸਹਿਮ ਮਿਟ ਗਿਆ, ਉਸ ਨੇ ਆਤਮਕ ਆਨੰਦ ਹਾਸਲ ਕਰ ਲਿਆ, ਉਸ ਦੇ ਮਨ ਵਿਚੋਂ ਹਉਮੈ ਦੀ ਚੋਭ ਭੀ ਨਿਕਲ ਗਈ ॥੧॥ ਰਹਾਉ ॥
41980	978	ਤਪਤਿ ਬੁਝਾਨੀ ਅੰਮ੍ਰਿਤ ਬਾਨੀ ਤ੍ਰਿਪਤੇ ਜਿਉ ਬਾਰਿਕ ਖੀਰ॥		Thapath Bujhaanee Anmrith Baanee Thripathae Jio Baarik Kheer ||	The fire within is quenched, and one is satisfied through the Ambrosial Word of the Guru's Bani, as the baby is satisfied by milk.	(ਜਿਨ੍ਹਾਂ ਮਨੁੱਖਾਂ ਦੇ ਅੰਦਰੋਂ) ਸਤਿਗੁਰੂ ਦੀ ਆਤਮਕ ਜੀਵਨ ਦੇਣ ਵਾਲੀ ਬਾਣੀ ਨੇ ਮਾਇਆ ਦੀ ਤ੍ਰਿਸ਼ਨਾ ਦੀ ਤਪਸ਼ ਬੁਝਾ ਦਿੱਤੀ, ਉਹ (ਮਾਇਆ ਵਲੋਂ) ਇਉਂ ਰੱਜ ਗਏ, ਜਿਵੇਂ ਬਾਲਕ ਦੁੱਧ ਨਾਲ ਰੱਜਦੇ ਹਨ।
41981	978	ਮਾਤ ਪਿਤਾ ਸਾਜਨ ਸੰਤ ਮੇਰੇ ਸੰਤ ਸਹਾਈ ਬੀਰ॥੧॥		Maath Pithaa Saajan Santh Maerae Santh Sehaaee Beer ||1||	The Saints are my mother, father and friends. The Saints are my help and support, and my brothers. ||1||	ਮੇਰੇ ਵਾਸਤੇ ਭੀ ਸੰਤ ਜਨ ਹੀ ਮਾਪੇ ਹਨ, ਸੰਤ ਜਨ ਹੀ ਸੱਜਣ ਭਰਾ ਮਦਦਗਾਰ ਹਨ ॥੧॥

41982	979	ਖੁਲੇ ਭ੍ਰਮ ਭੀਤਿ ਮਿਲੇ ਗੋਪਾਲਾ ਹੀਰੈ ਬੇਧੇ ਹੀਰ॥		Khulae Bhram Bheeth Milae Gopaalaa Heerai Baedhhae Heer ||	The doors of doubt are thrown open, and I have met the Lord of the World; God's diamond has pierced the diamond of my mind.	(ਉਹਨਾਂ ਦੇ ਅੰਦਰੋਂ ਮਾਇਆ ਦੇ ਪਿੱਛੇ) ਭਟਕਦੇ ਫਿਰਨ ਦੇ ਭਿੱਤ ਖੁਲ੍ਹ ਜਾਂਦੇ ਹਨ, ਉਹਨਾਂ ਨੂੰ ਸ੍ਰਿਸ਼ਟੀ ਦਾ ਪਾਲਣਹਾਰ ਪ੍ਰਭੂ ਮਿਲ ਪੈਂਦਾ ਹੈ, (ਪ੍ਰਭੂ ਉਹਨਾਂ ਦੀ ਜਿੰਦ ਨੂੰ ਆਪਣੇ ਚਰਨਾਂ ਵਿਚ ਇਉਂ ਜੋੜ ਲੈਂਦਾ ਹੈ ਜਿਵੇਂ) ਹੀਰੇ ਨੂੰ ਹੀਰਾ ਵਿੰਨ੍ਹ ਲੈਂਦਾ ਹੈ।
41983	979	ਬਿਸਮ ਭਏ ਨਾਨਕ ਜਸੁ ਗਾਵਤ ਠਾਕੁਰ ਗੁਨੀ ਗਹੀਰ॥੨॥੨॥੩॥		Bisam Bheae Naanak Jas Gaavath Thaakur Gunee Geheer ||2||2||3||	Nanak blossoms forth in ecstasy, singing the Lord's Praises; my Lord and Master is the ocean of virtue. ||2||2||3||	ਹੇ ਨਾਨਕ! ਗੁਣਾਂ ਦੇ ਖ਼ਜ਼ਾਨੇ ਮਾਲਕ-ਪ੍ਰਭੂ ਦੇ ਗੁਣ ਗਾਂਦਿਆਂ ਗਾਂਦਿਆਂ (ਗੁਣ ਗਾਣ ਵਾਲੇ ਮਨੁੱਖ) ਆਨੰਦ-ਮਗਨ ਹੀ ਹੋ ਜਾਂਦੇ ਹਨ ॥੨॥੨॥੩॥
41984	979	ਨਟ ਮਹਲਾ ੫॥		Natt Mehalaa 5 ||	Nat, Fifth Mehl:	
41985	979	ਅਪਨਾ ਜਨੁ ਆਪਹਿ ਆਪਿ ਉਧਾਰਿਓ॥	ੳ-ਧਾਰਿਓ	Apanaa Jan Aapehi Aap Oudhhaariou ||	He Himself saves His humble servant.	ਪਰਮਾਤਮਾ ਨੇ ਸਦਾ ਆਪ ਹੀ ਆਪਣੇ ਸੇਵਕ ਨੂੰ ਵਿਕਾਰਾਂ ਤੋਂ ਬਚਾਇਆ ਹੈ।

41986	979	ਆਠ ਪਹਰ ਜਨ ਕੈ ਸੰਗਿ ਬਸਿਓ ਮਨ ਤੇ ਨਾਹਿ ਬਿਸਾਰਿਓ॥੧॥ਰਹਾਉ॥		Aath Pehar Jan Kai Sang Basiou Man Thae Naahi Bisaariou ||1|| Rehaao ||	Twenty-four hours a day, He dwells with His humble servant; He never forgets him from His Mind. ||1||Pause||	ਪ੍ਰਭੂ ਆਪਣੇ ਸੇਵਕ ਦੇ ਨਾਲ ਅੱਠੇ ਪਹਿਰ ਵੱਸਦਾ ਹੈ, (ਪ੍ਰਭੂ ਨੇ ਆਪਣੇ ਸੇਵਕ ਨੂੰ ਆਪਣੇ) ਮਨ ਤੋਂ ਕਦੇ ਭੀ ਨਹੀਂ ਭੁਲਾਇਆ ॥੧॥ ਰਹਾਉ ॥
41987	979	ਬਰਨੁ ਚਿਹਨੁ ਨਾਹੀ ਕਿਛੁ ਪੇਖਿਓ ਦਾਸ ਕਾ ਕੁਲੁ ਨ ਬਿਚਾਰਿਓ॥		Baran Chihan Naahee Kishh Paekhiou Dhaas Kaa Kul N Bichaariou ||	The Lord does not look at his color or form; He does not consider the ancestry of His slave.	(ਪ੍ਰਭੂ ਨੇ ਆਪਣੇ ਸੇਵਕ ਦਾ ਬਾਹਰਲਾ) ਰੰਗ ਰੂਪ ਕੁਝ ਭੀ ਕਦੇ ਨਹੀਂ ਵੇਖਿਆ, ਸੇਵਕ ਦੇ (ਉੱਚੇ ਨੀਵੇਂ) ਕੁਲ ਨੂੰ ਭੀ ਨਹੀਂ ਵਿਚਾਰਿਆ।
41988	979	ਕਰਿ ਕਿਰਪਾ ਨਾਮੁ ਹਰਿ ਦੀਓ ਸਹਜਿ ਸੁਭਾਇ ਸਵਾਰਿਓ॥੧॥		Kar Kirapaa Naam Har Dheeou Sehaj Subhaae Savaariou ||1||	Granting His Grace, the Lord blesses him with His Name, and embellishes him with intuitive ease. ||1||	(ਸੇਵਕ ਨੂੰ ਸਦਾ ਹੀ) ਹਰੀ ਨੇ ਮਿਹਰ ਕਰ ਕੇ ਆਪਣਾ ਨਾਮ ਬਖ਼ਸ਼ਿਆ ਹੈ, (ਨਾਮ ਦੀ ਬਰਕਤਿ ਨਾਲ ਉਸ ਨੂੰ) ਆਤਮਕ ਅਡੋਲਤਾ ਅਤੇ ਪ੍ਰੇਮ ਵਿਚ ਟਿਕਾ ਕੇ ਉਸ ਦਾ ਜੀਵਨ ਸੋਹਣਾ ਬਣਾ ਦਿੱਤਾ ਹੈ ॥੧॥

41989	979	ਮਹਾ ਬਿਖਮੁ ਅਗਨਿ ਕਾ ਸਾਗਰੁ ਤਿਸ ਤੇ ਪਾਰਿ ਉਤਾਰਿਓ॥		Mehaa Bikham Agan Kaa Saagar This Thae Paar Outhaariou ||	The ocean of fire is treacherous and difficult, but he is carried across.	ਹੇ ਨਾਨਕ! (ਆਖ ਕਿ ਇਹ ਜਗਤ ਤ੍ਰਿਸ਼ਨਾ ਦੀ) ਅੱਗ ਦਾ ਸਮੁੰਦਰ ਹੈ (ਇਸ ਵਿਚੋਂ ਪਾਰ ਲੰਘਣਾ) ਬਹੁਤ ਔਖਾ ਹੈ, (ਪਰਮਾਤਮਾ ਨੇ ਸਦਾ ਆਪਣੇ ਸੇਵਕ ਨੂੰ) ਇਸ ਵਿਚੋਂ (ਆਪ) ਪਾਰ ਲੰਘਾਇਆ ਹੈ।
41990	979	ਪੇਖਿ ਪੇਖਿ ਨਾਨਕ ਬਿਗਸਾਨੋ ਪੁਨਹ ਪੁਨਹ ਬਲਿਹਾਰਿਓ॥੨॥੩॥੪॥		Paekh Paekh Naanak Bigasaano Puneh Puneh Balihaariou ||2||3||4||	Seeing, seeing Him, Nanak blossoms forth, over and over again, a sacrifice to Him. ||2||3||4||	ਸੇਵਕ ਆਪਣੇ ਪਰਮਾਤਮਾ ਦਾ ਦਰਸ਼ਨ ਕਰ ਕਰ ਕੇ ਖ਼ੁਸ਼ ਹੁੰਦਾ ਹੈ ਤੇ ਉਸ ਤੋਂ ਮੁੜ ਮੁੜ ਸਦਕੇ ਜਾਂਦਾ ਹੈ ॥੨॥੩॥੪॥
41991	979	ਨਟ ਮਹਲਾ ੫॥		Natt Mehalaa 5 ||	Nat, Fifth Mehl:	
41992	979	ਹਰਿ ਹਰਿ ਮਨ ਮਹਿ ਨਾਮੁ ਕਹਿਓ॥		Har Har Man Mehi Naam Kehiou ||	One who chants the Name of the Lord, Har, Har, within his mind	(ਜਿਸ ਭੀ ਮਨੁੱਖ ਨੇ) ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਸਿਮਰਿਆ ਹੈ,
41993	979	ਕੋਟਿ ਅਪ੍ਰਾਧ ਮਿਟਹਿ ਖਿਨ ਭੀਤਰਿ ਤਾ ਕਾ ਦੁਖੁ ਨ ਰਹਿਓ॥੧॥ਰਹਾਉ॥		Kott Apraadhh Mittehi Khin Bheethar Thaa Kaa Dhukh N Rehiou ||1|| Rehaao ||	- millions of sins are erased in an instant, and pain is relieved. ||1||Pause||	ਇਕ ਖਿਨ ਵਿਚ ਹੀ ਉਸ ਦੇ ਕ੍ਰੋੜਾਂ ਪਾਪ ਮਿਟ ਜਾਂਦੇ ਹਨ, ਉਸ ਦਾ ਕੋਈ ਭੀ ਦੁੱਖ ਰਹਿ ਨਹੀਂ ਜਾਂਦਾ ॥੧॥ ਰਹਾਉ ॥

41994	979	ਖੋਜਤ ਖੋਜਤ ਭਇਓ ਬੈਰਾਗੀ ਸਾਧੂਸੰਗਿ ਲਹਿਓ॥		Khojath Khojath Bhaeiou Bairaagee Saadhhoo Sang Lehiou ||	Seeking and searching, I have become detached; I have found the Saadh Sangat, the Company of the Holy.	ਜਿਹੜਾ ਮਨੁੱਖ ਪ੍ਰਭੂ ਦੀ ਭਾਲ ਕਰਦਿਆਂ ਕਰਦਿਆਂ (ਉਸੇ ਦਾ ਹੀ) ਮਤਵਾਲਾ ਬਣ ਗਿਆ, ਉਸ ਨੇ ਪ੍ਰਭੂ ਨੂੰ ਗੁਰੂ ਦੀ ਸੰਗਤ ਵਿਚ ਲੱਭ ਲਿਆ।
41995	979	ਸਗਲ ਤਿਆਗਿ ਏਕ ਲਿਵ ਲਾਗੀ ਹਰਿ ਹਰਿ ਚਰਨ ਗਹਿਓ॥੧॥		Sagal Thiaag Eaek Liv Laagee Har Har Charan Gehiou ||1||	Renouncing everything, I am lovingly focused on the One Lord. I grab hold of the feet of the Lord, Har, Har. ||1||	(ਹੋਰ) ਸਾਰੇ (ਖ਼ਿਆਲ) ਛੱਡ ਕੇ ਉਸ ਮਨੁੱਖ ਦੀ ਲਗਨ ਇਕ ਪਰਮਾਤਮਾ ਵਿਚ ਲੱਗ ਗਈ, ਜਿਸ ਨੇ ਪਰਮਾਤਮਾ ਦੇ ਚਰਨ (ਆਪਣੇ ਮਨ ਵਿਚ ਘੁੱਟ ਕੇ) ਫੜ ਲਏ ॥੧॥
41996	979	ਕਹਤ ਮੁਕਤ ਸੁਨਤੇ ਨਿਸਤਾਰੇ ਜੋ ਜੋ ਸਰਨਿ ਪਇਓ॥		Kehath Mukath Sunathae Nisathaarae Jo Jo Saran Paeiou ||	Whoever chants His Name is liberated; whoever listens to it is saved, as is anyone who seeks His Sanctuary.	ਪਰਮਾਤਮਾ ਦਾ ਨਾਮ ਉਚਾਰਨ ਵਾਲੇ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਹੋ ਜਾਂਦੇ ਹਨ, ਨਾਮ ਸੁਣਨ ਵਾਲਿਆਂ ਨੂੰ ਪ੍ਰਭੂ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ।
41997	979	ਸਿਮਰਿ ਸਿਮਰਿ ਸੁਆਮੀ ਪ੍ਰਭੁ ਅਪਨਾ ਕਹੁ ਨਾਨਕ ਅਨਦ ਭਇਓ॥੨॥੪॥੫॥		Simar Simar Suaamee Prabh Apunaa Kahu Naanak Anadh Bhaeiou ||2||4||5||	Meditating, meditating in remembrance on God the Lord and Master, says Nanak, I am in ecstasy! ||2||4||5||	ਨਾਨਕ ਆਖਦਾ ਹੈ- ਜਿਹੜਾ ਜਿਹੜਾ ਭੀ ਮਨੁੱਖ ਪ੍ਰਭੂ ਦੀ ਸਰਨ ਪੈਂਦਾ ਹੈ (ਪ੍ਰਭੂ ਉਸ ਨੂੰ ਪਾਰ ਲੰਘਾ ਦੇਂਦਾ ਹੈ)। ਆਪਣੇ ਮਾਲਕ-ਪ੍ਰਭੂ ਨੂੰ ਮੁੜ ਮੁੜ ਸਿਮਰ ਕੇ ਆਤਮਕ ਆਨੰਦ ਬਣਿਆ ਰਹਿੰਦਾ ਹੈ ॥੨॥੪॥੫॥
41998	979	ਨਟ ਮਹਲਾ ੫॥		Natt Mehalaa 5 ||	Nat, Fifth Mehl:	

41999	979	ਚਰਨਕਮਲ ਸੰਗਿ ਲਾਗੀ ਡੋਰੀ॥		Charan Kamal Sang Laagee Ddoree ||	I am in love with Your Lotus Feet.	ਤੇਰੇ ਸੋਹਣੇ ਚਰਨਾਂ ਨਾਲ ਮੇਰੀ ਪ੍ਰੇਮ ਦੀ ਤਾਰ ਲੱਗ ਗਈ ਹੈ।
42000	979	ਸੁਖਸਾਗਰ ਕਰਿ ਪਰਮਗਤਿ ਮੋਰੀ॥੧॥ਰਹਾਉ॥		Sukh Saagar Kar Param Gath Moree ||1|| Rehaao ||	O Lord, ocean of peace, please bless me with the supreme status. ||1||Pause||	ਹੇ ਸੁਖਾਂ ਦੇ ਸਮੁੰਦਰ ਹਰੀ! ਮੇਰੀ ਆਤਮਕ ਅਵਸਥਾ ਉੱਚੀ ਬਣਾ ਦੇਹ ॥੧॥ ਰਹਾਉ ॥
42001	979	ਅੰਚਲਾ ਗਹਾਇਓ ਜਨ ਅਪੁਨੇ ਕਉ ਮਨੁ ਬੀਧੋ ਪ੍ਰੇਮ ਕੀ ਖੋਰੀ॥		Anchalaa Gehaaeiou Jan Apunae Ko Man Beedhho Praem Kee Khoree ||	He has inspired His humble servant to grasp the hem of His robe; his mind is pierced through with the intoxication of divine love.	ਹੇ ਸੁਖ-ਸਾਗਰ! ਤੂੰ ਆਪਣੇ ਸੇਵਕ ਨੂੰ ਆਪਣਾ ਪੱਲਾ ਆਪ ਫੜਾਇਆ ਹੈ, (ਤੇਰੇ ਸੇਵਕ ਦਾ) ਮਨ (ਤੇਰੇ) ਪਿਆਰ ਦੀ ਖ਼ੁਮਾਰੀ ਵਿਚ ਵਿੱਝ ਗਿਆ ਹੈ।
42002	979	ਜਸੁ ਗਾਵਤ ਭਗਤਿ ਰਸੁ ਉਪਜਿਓ ਮਾਇਆ ਕੀ ਜਾਲੀ ਤੋਰੀ॥੧॥	ਜਾਲੀ: ਪੋਲਾ ਬੋਲੋ	Jas Gaavath Bhagath Ras Oupajiou Maaeiaa Kee Jaalee Thoree ||1||	Singing His Praises, love wells up within the devotee, and the trap of Maya is broken. ||1||	ਤੇਰਾ ਜਸ ਗਾਂਦਿਆਂ (ਤੇਰੇ ਸੇਵਕ ਦੇ ਹਿਰਦੇ ਵਿਚ ਤੇਰੀ) ਭਗਤੀ ਦਾ (ਅਜਿਹਾ) ਸੁਆਦ ਪੈਦਾ ਹੋਇਆ ਹੈ (ਜਿਸ ਨੇ) ਮਾਇਆ ਦੀ ਫਾਹੀ ਤੋੜ ਦਿੱਤੀ ਹੈ ॥੧॥
42003	979	ਪੂਰਨ ਪੂਰਿ ਰਹੇ ਕਿਰਪਾਨਿਧਿ ਆਨ ਨ ਪੇਖਉ ਹੋਰੀ॥		Pooran Poor Rehae Kirapaa Nidhh Aan N Paekho Horee ||	The Lord, the ocean of mercy, is all-pervading, permeating everywhere; I do not see any other at all.	ਹੇ ਨਾਨਕ! ਹੇ ਸਰਬ-ਵਿਆਪਕ ਪ੍ਰਭੂ! ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਤੂੰ ਹਰ ਥਾਂ ਭਰਪੂਰ ਹੈਂ। ਮੈਂ (ਕਿਤੇ ਭੀ ਤੈਥੋਂ ਬਿਨਾ) ਕਿਸੇ ਹੋਰ ਨੂੰ ਨਹੀਂ ਵੇਖਦਾ।

42004	979	ਨਾਨਕ ਮੇਲਿ ਲੀਓ ਦਾਸੁ ਅਪੁਨਾ ਪ੍ਰੀਤਿ ਨ ਕਬਹੂ ਥੋਰੀ॥੨॥੫॥੬॥		Naanak Mael Leeou Dhaas Apunaa Preeth N Kabehoo Thhoree ||2||5||6||	He has united slave Nanak with Himself; His Love never diminishes. ||2||5||6||	ਆਪਣੇ ਸੇਵਕ ਨੂੰ (ਆਪਣੇ ਚਰਨਾਂ ਵਿਚ) ਤੂੰ ਆਪ ਜੋੜ ਲਿਆ ਹੈ, (ਜਿਸ ਕਰ ਕੇ ਤੇਰੇ ਚਰਨਾਂ ਦੀ) ਪ੍ਰੀਤ (ਤੇਰੇ ਸੇਵਕ ਦੇ ਹਿਰਦੇ ਵਿਚ) ਕਦੇ ਘਟਦੀ ਨਹੀਂ ॥੨॥੫॥੬॥
42005	979	ਨਟ ਮਹਲਾ ੫॥		Natt Mehalaa 5 ||	Nat, Fifth Mehl:	
42006	979	ਮੇਰੇ ਮਨ ਜਪੁ ਜਪਿ ਹਰਿ ਨਾਰਾਇਣ॥		Maerae Man Jap Jap Har Naaraaein ||	O my mind, chant, and meditate on the Lord.	ਹੇ ਮੇਰੇ ਮਨ! ਹਰੀ ਨਾਰਾਇਣ ਦੇ ਨਾਮ ਦਾ ਜਾਪ ਜਪਿਆ ਕਰ।
42007	979	ਕਬਹੂ ਨ ਬਿਸਰਹੁ ਮਨ ਮੇਰੇ ਤੇ ਆਠ ਪਹਰ ਗੁਨ ਗਾਇਣ॥੧॥ਰਹਾਉ॥		Kabehoo N Bisarahu Man Maerae Thae Aath Pehar Gun Gaaein ||1|| Rehaao ||	I shall never forget Him from my mind; twenty-four hours a day, I sing His Glorious Praises. ||1||Pause||	ਹੇ ਪ੍ਰਭੂ! ਤੂੰ ਮੇਰੇ ਮਨ ਤੋਂ ਕਦੇ ਭੀ ਨਾਹ ਭੁੱਲ, (ਮੇਰਾ ਮਨ) ਅੱਠੇ ਪਹਰ ਤੇਰੇ ਗੁਣ ਗਾਂਦਾ ਰਹੇ ॥੧॥ ਰਹਾਉ ॥
42008	979	ਸਾਧੂ ਧੂਰਿ ਕਰਉ ਨਿਤ ਮਜਨੁ ਸਭ ਕਿਲਬਿਖ ਪਾਪ ਗਵਾਇਣ॥	ਮੱਜਨੁ	Saadhhoo Dhhoor Karo Nith Majan Sabh Kilabikh Paap Gavaaein ||	I take my daily cleansing bath in the dust of the feet of the Holy, and I am rid of all my sins.	(ਹੇ ਪ੍ਰਭੂ! ਮਿਹਰ ਕਰ) ਮੈਂ ਗੁਰੂ ਦੇ ਚਰਨਾਂ ਦੀ ਧੂੜ ਵਿਚ ਸਦਾ ਇਸ਼ਨਾਨ ਕਰਦਾ ਰਹਾਂ, (ਗੁਰੂ ਦੇ ਚਰਨਾਂ ਦੀ ਧੂੜ) ਸਾਰੇ ਪਾਪ ਦੂਰ ਕਰਨ ਦੇ ਸਮਰੱਥ ਹੈ।

42009	979	ਪੂਰਨ ਪੂਰਿ ਰਹੇ ਕਿਰਪਾਨਿਧਿ ਘਟਿ ਘਟਿ ਦਿਸਟਿ ਸਮਾਇਣੁ॥੧॥		Pooran Poor Rehae Kirapaa Nidhh Ghatt Ghatt Dhisatt Samaaein ||1||	The Lord, the ocean of mercy, is all-pervading, permeating everywhere; He is seen to be contained in each and every heart. ||1||	ਹੇ ਸਭ ਵਿਚ ਵੱਸ ਰਹੇ ਪ੍ਰਭੂ! ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਤੂੰ ਮੈਨੂੰ ਹਰੇਕ ਸਰੀਰ ਵਿਚ ਸਮਾਇਆ ਹੋਇਆ ਦਿੱਸਦਾ ਰਹੇਂ ॥੧॥
42010	979	ਜਾਪ ਤਾਪ ਕੋਟਿ ਲਖ ਪੂਜਾ ਹਰਿ ਸਿਮਰਣ ਤੁਲਿ ਨ ਲਾਇਣ॥	ਪੂਜਾ: ਪੋਲਾ ਬੋਲੋ, ਤੁੱਲਿ	Jaap Thaap Kott Lakh Poojaa Har Simaran Thul N Laaein ||	Hundreds of thousands and millions of meditations, austerities and worships are not equal to remembering the Lord in meditation.	ਹੇ ਪ੍ਰਭੂ! ਹੇ ਹਰੀ! ਕ੍ਰੋੜਾਂ ਜਪ ਤਪ ਤੇ ਲੱਖਾਂ ਪੂਜਾ ਤੇਰੇ ਸਿਮਰਨ ਦੀ ਬਰਾਬਰੀ ਨਹੀਂ ਕਰ ਸਕਦੇ।
42011	979	ਦੁਇ ਕਰ ਜੋੜਿ ਨਾਨਕੁ ਦਾਨੁ ਮਾਂਗੈ ਤੇਰੇ ਦਾਸਨਿ ਦਾਸ ਦਸਾਇਣੁ॥੨॥੬॥੭॥		Dhue Kar Jorr Naanak Dhaan Maangai Thaerae Dhaasan Dhaas Dhasaaein ||2||6||7||	With his palms pressed together, Nanak begs for this blessing, that he may become the slave of the slaves of Your slaves. ||2||6||7||	(ਤੇਰਾ ਦਾਸ) ਨਾਨਕ ਦੋਵੇਂ ਹੱਥ ਜੋੜ ਕੇ (ਤੈਥੋਂ) ਖੈਰ ਮੰਗਦਾ ਹੈ (ਕਿ ਮੈਂ ਤੇਰੇ) ਦਾਸਾਂ ਦੇ ਦਾਸਾਂ ਦਾ ਦਾਸ (ਬਣਿਆ ਰਹਾਂ) ॥੨॥੬॥੭॥
42012	979	ਨਟ ਮਹਲਾ ੫॥		Natt Mehalaa 5 ||	Nat, Fifth Mehl:	

42013	979	ਮੇਰੈ ਸਰਬਸੁ ਨਾਮੁ ਨਿਧਾਨੁ॥	ਮਾਤਾ ਪਿਤਾ ਰਾਜ ਮਾਲ ਸਭ ਕੁੱਝ (ਸਰਬਸੁ) ਸਰਬੰਸ। ਸਰਬਸੁ: ਪੋਲਾ ਬੋਲੋ ਮਿਲਵਾਂ	Maerai Sarabas Naam Nidhhaan ||	The treasure of the Naam, the Name of the Lord, is everything for me.	ਪਰਮਾਤਮਾ ਦਾ ਨਾਮ-ਖ਼ਜ਼ਾਨਾ ਮੇਰੇ ਵਾਸਤੇ ਦੁਨੀਆ ਦਾ ਸਾਰਾ ਧਨ-ਪਦਾਰਥ ਹੈ।
42014	979	ਕਰਿ ਕਿਰਪਾ ਸਾਧੂਸੰਗਿ ਮਿਲਿਓ ਸਤਿਗੁਰਿ ਦੀਨੋ ਦਾਨੁ॥੧॥ਰਹਾਉ॥		Kar Kirapaa Saadhhoo Sang Miliou Sathigur Dheeno Dhaan ||1|| Rehaao ||	Granting His Grace, He has led me to join the Saadh Sangat, the Company of the Holy; the True Guru has granted this gift. ||1||Pause||	(ਪਰਮਾਤਮਾ) ਨੇ ਕਿਰਪਾ ਕਰ ਕੇ (ਮੈਨੂੰ) ਗੁਰੂ ਦੀ ਸੰਗਤ ਵਿਚ ਮਿਲਾ ਦਿੱਤਾ, (ਤੇ) ਗੁਰੂ ਨੇ (ਮੈਨੂੰ ਪਰਮਾਤਮਾ ਦੇ ਨਾਮ ਦਾ) ਦਾਨ ਦਿੱਤਾ ॥੧॥ ਰਹਾਉ ॥
42015	979	ਸੁਖਦਾਤਾ ਦੁਖ ਭੰਜਨਹਾਰਾ ਗਾਉ ਕੀਰਤਨੁ ਪੂਰਨ ਗਿਆਨੁ॥		Sukhadhaathaa Dhukh Bhanjanehaaraa Gaao Keerathan Pooran Giaan ||	Sing the Kirtan, the Praises of the Lord, the Giver of peace, the Destroyer of pain; He shall bless you with perfect spiritual wisdom.	ਪਰਮਾਤਮਾ ਸਾਰੇ ਸੁਖ ਦੇਣ ਵਾਲਾ ਹੈ, ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ। (ਜਿਉਂ ਜਿਉਂ) ਮੈਂ ਉਸ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦਾ ਹਾਂ, (ਮੈਨੂੰ) ਆਤਮਕ ਜੀਵਨ ਦੀ ਮੁਕੰਮਲ ਸੂਝ (ਪ੍ਰਾਪਤ ਹੁੰਦੀ ਜਾਂਦੀ ਹੈ)।
42016	979	ਕਾਮੁ ਕ੍ਰੋਧੁ ਲੋਭੁ ਖੰਡ ਖੰਡ ਕੀਨੇ ਬਿਨਸਿਓ ਮੂੜ ਅਭਿਮਾਨੁ॥੧॥		Kaam Krodhh Lobh Khandd Khandd Keenhae Binasiou Moorr Abhimaan ||1||	Sexual desire, anger and greed shall be shattered and destroyed, and your foolish ego will be dispelled. ||1||	ਮੈਂ ਕਾਮ ਕ੍ਰੋਧ ਲੋਭ (ਆਦਿਕ ਵਿਕਾਰਾਂ) ਨੂੰ ਟੋਟੇ ਟੋਟੇ ਕਰ ਦਿੱਤਾ, (ਜੀਵਾਂ ਨੂੰ) ਮੂਰਖ (ਬਣਾ ਦੇਣ ਵਾਲਾ) ਅਹੰਕਾਰ (ਮੇਰੇ ਅੰਦਰੋਂ) ਨਾਸ ਹੋਇਆ ॥੧॥

42017	979	ਕਿਆ ਗੁਣ ਤੇਰੇ ਆਖਿ ਵਖਾਣਾ ਪ੍ਰਭ ਅੰਤਰਜਾਮੀ ਜਾਨੁ॥		Kiaa Gun Thaerae Aakh Vakhaanaa Prabh Antharajaamee Jaan ||	What Glorious Virtues of Yours should I chant? O God, You are the Inner-knower, the Searcher of hearts.	ਹੇ ਪ੍ਰਭੂ! ਤੂੰ ਸੁਜਾਨ ਹੈਂ, ਤੂੰ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈਂ, ਮੈਂ ਤੇਰੇ ਕਿਹੜੇ ਕਿਹੜੇ ਗੁਣ ਦੱਸ ਕੇ ਗਿਣਾਂ?
42018	979	ਚਰਨਕਮਲ ਸਰਨਿ ਸੁਖਸਾਗਰ ਨਾਨਕੁ ਸਦ ਕੁਰਬਾਨੁ॥੨॥੭॥੮॥		Charan Kamal Saran Sukh Saagar Naanak Sadh Kurabaan ||2||7||8||	I seek the Sanctuary of Your Lotus Feet, O Lord, ocean of peace; Nanak is forever a sacrifice to You. ||2||7||8||	ਹੇ ਸੁਖਾਂ ਦੇ ਸਮੁੰਦਰ ਪ੍ਰਭੂ! (ਤੇਰਾ ਦਾਸ) ਨਾਨਕ ਤੇਰੇ ਸੋਹਣੇ ਚਰਨਾਂ ਦੀ ਸਰਨ ਆਇਆ ਹੈ, ਅਤੇ ਤੈਥੋਂ ਸਦਾ ਸਦਕੇ ਹੁੰਦਾ ਹੈ ॥੨॥੭॥੮॥
42019	980	ਨਟ ਮਹਲਾ ੫॥		Natt Mehalaa 5 ||	Nat, Fifth Mehl:	
42020	980	ਹਉ ਵਾਰਿ ਵਾਰਿ ਜਾਉ ਗੁਰ ਗੋਪਾਲ॥੧॥ਰਹਾਉ॥		Ho Vaar Vaar Jaao Gur Gopaal ||1|| Rehaao ||	I am a sacrifice, a sacrifice to the Guru, the Lord of the World. ||1||Pause||	ਹੇ ਸਭ ਤੋਂ ਵੱਡੇ ਸ੍ਰਿਸ਼ਟੀ ਦੇ ਪਾਲਣਹਾਰ! ਮੈਂ (ਤੈਥੋਂ) ਸਦਕੇ ਜਾਂਦਾ ਹਾਂ ਕੁਰਬਾਨ ਜਾਂਦਾ ਹਾਂ ॥੧॥ ਰਹਾਉ ॥
42021	980	ਮੋਹਿ ਨਿਰਗੁਨ ਤੁਮ ਪੂਰਨ ਦਾਤੇ ਦੀਨਾ ਨਾਥ ਦਇਆਲ॥੧॥		Mohi Niragun Thum Pooran Dhaathae Dheenaa Naathh Dhaeiaal ||1||	I am unworthy; You are the Perfect Giver. You are the Merciful Master of the meek. ||1||	ਹੇ ਦੀਨਾਂ ਦੇ ਨਾਥ! ਹੇ ਦਇਆ ਦੇ ਘਰ ਪ੍ਰਭੂ! ਮੈਂ ਗੁਣ-ਹੀਨ ਹਾਂ, ਤੂੰ ਸਭ ਦਾਤਾਂ ਦੇਣ ਵਾਲਾ ਹੈਂ ॥੧॥

42022	980	ਊਠਤ ਬੈਠਤ ਸੋਵਤ ਜਾਗਤ ਜੀਅ ਪ੍ਰਾਨ ਧਨ ਮਾਲ॥੨॥		Oothath Baithath Sovath Jaagath Jeea Praan Dhhan Maal ||2||	While standing up and sitting down, while sleeping and awake, You are my soul, my breath of life, my wealth and property. ||2||	ਹੇ ਪ੍ਰਭੂ! ਉਠਦਿਆਂ ਬੈਠਦਿਆਂ ਸੁੱਤਿਆਂ ਜਾਗਦਿਆਂ ਤੂੰ ਹੀ ਮੇਰੀ ਜਿੰਦ ਦਾ ਮੇਰੇ ਪ੍ਰਾਣਾਂ ਦਾ ਸਹਾਰਾ ਹੈਂ ॥੨॥
42023	980	ਦਰਸਨ ਪਿਆਸ ਬਹੁਤੁ ਮਨਿ ਮੇਰੈ ਨਾਨਕ ਦਰਸ ਨਿਹਾਲ॥੩॥੮॥੯॥		Dharasan Piaas Bahuth Man Maerai Naanak Dharas Nihaal ||3||8||9||	Within my mind there is such a great thirst for the Blessed Vision of Your Darshan. Nanak is enraptured with Your Glance of Grace. ||3||8||9||	ਹੇ ਪ੍ਰਭੂ! ਮੇਰੇ ਮਨ ਵਿਚ ਤੇਰੇ ਦਰਸਨ ਦੀ ਬਹੁਤ ਤਾਂਘ ਹੈ। (ਮੈਨੂੰ) ਨਾਨਕ ਨੂੰ ਦਰਸਨ ਦੇ ਕੇ ਨਿਹਾਲ ਕਰ ॥੩॥੮॥੯॥
42024	980	ਨਟ ਪੜਤਾਲ ਮਹਲਾ ੫		Natt Parrathaal Mehalaa 5	Nat Partaal, Fifth Mehl:	ਰਾਗ ਨਟ-ਨਾਰਾਇਨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
42025	980	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
42026	980	ਕੋਊ ਹੈ ਮੇਰੋ ਸਾਜਨੁ ਮੀਤੁ॥		Kooo Hai Maero Saajan Meeth ||	Is there any friend or companion of mine,	ਕੋਈ ਵਿਰਲਾ ਹੀ (ਲੱਭਦਾ) ਹੈ ਇਹੋ ਜਿਹਾ ਸੱਜਣ ਮਿੱਤਰ,
42027	980	ਹਰਿ ਨਾਮੁ ਸੁਨਾਵੈ ਨੀਤ॥		Har Naam Sunaavai Neeth ||	Who will constantly share the Lord's Name with me?	ਜਿਹੜਾ ਸਦਾ ਪਰਮਾਤਮਾ ਦਾ ਨਾਮ ਸੁਣਾਂਦਾ ਰਹੇ।

42028	980	ਬਿਨਸੈ ਦੁਖੁ ਬਿਪਰੀਤਿ॥		Binasai Dhukh Bipareeth ||	Will he rid me of my pains and evil tendencies?	(ਨਾਮ ਦੀ ਬਰਕਤਿ ਨਾਲ) ਭੈੜੇ ਪਾਸੇ ਦੀ ਪ੍ਰੀਤ ਦਾ ਦੁੱਖ ਦੂਰ ਹੋ ਜਾਂਦਾ ਹੈ।
42029	980	ਸਭੁ ਅਰਪਉ ਮਨੁ ਤਨੁ ਚੀਤੁ ॥੧॥ਰਹਾਉ॥		Sabh Arapo Man Than Cheeth ||1|| Rehaao ||	I would surrender my mind, body, consciousness and everything. ||1||Pause||	(ਜੇ ਕੋਈ ਹਰਿ-ਨਾਮ ਸੁਣਾਣ ਵਾਲਾ ਸੱਜਣ ਮਿਲ ਪਏ, ਤਾਂ ਉਸ ਤੋਂ) ਮੈਂ ਆਪਣਾ ਮਨ ਆਪਣਾ ਤਨ ਆਪਣਾ ਚਿੱਤ ਸਭ ਕੁਝ ਸਦਕੇ ਕਰ ਦਿਆਂ ॥੧॥ ਰਹਾਉ ॥
42030	980	ਕੋਈ ਵਿਰਲਾ ਆਪਨ ਕੀਤ॥		Koee Viralaa Aapan Keeth ||	How rare is that one whom the Lord makes His own,	ਕੋਈ ਵਿਰਲਾ ਹੀ (ਲੱਭਦਾ) ਹੈ (ਇਹੋ ਜਿਹਾ ਜਿਸ ਨੂੰ ਪ੍ਰਭੂ ਨੇ) ਆਪਣਾ ਬਣਾ ਲਿਆ ਹੁੰਦਾ ਹੈ,
42031	980	ਸੰਗਿ ਚਰਨਕਮਲ ਮਨੁ ਸੀਤ॥		Sang Charan Kamal Man Seeth ||	And whose mind is sewn into the Lord's Lotus Feet.	ਜਿਸ ਨੇ ਪ੍ਰਭੂ ਦੇ ਸੋਹਣੇ ਚਰਨਾਂ ਨਾਲ ਆਪਣਾ ਮਨ ਜੋੜ ਰੱਖਿਆ ਹੁੰਦਾ ਹੈ,
42032	980	ਕਰਿ ਕਿਰਪਾ ਹਰਿ ਜਸੁ ਦੀਤ॥੧॥		Kar Kirapaa Har Jas Dheeth ||1||	Granting His Grace, the Lord blesses him with His Praise. ||1||	ਜਿਸ ਨੂੰ ਪ੍ਰਭੂ ਨੇ ਕਿਰਪਾ ਕਰ ਕੇ ਆਪਣੀ ਸਿਫ਼ਤ-ਸਾਲਾਹ (ਦੀ ਦਾਤਿ) ਦਿੱਤੀ ਹੁੰਦੀ ਹੈ ॥੧॥
42033	980	ਹਰਿ ਭਜਿ ਜਨਮੁ ਪਦਾਰਥੁ ਜੀਤ॥		Har Bhaj Janam Padhaarathh Jeeth ||	Vibrating, meditating on the Lord, he is victorious in this precious human life,	ਪਰਮਾਤਮਾ ਦਾ ਨਾਮ ਜਪ ਕੇ ਕੀਮਤੀ ਮਨੁੱਖਾ ਜਨਮ ਕਾਮਯਾਬ ਬਣਾ ਲਈਦਾ ਹੈ।
42034	980	ਕੋਟਿ ਪਤਿਤ ਹੋਹਿ ਪੁਨੀਤ॥		Kott Pathith Hohi Puneeth ||	And millions of sinners are sanctified.	(ਨਾਮ ਜਪ ਕੇ) ਕ੍ਰੋੜਾਂ ਵਿਕਾਰੀ ਪਵਿੱਤਰ ਹੋ ਜਾਂਦੇ ਹਨ।

42035	980	ਨਾਨਕ ਦਾਸ ਬਲਿ ਬਲਿ ਕੀਤ ॥੨॥੧॥੧੦॥੧੯॥		Naanak Dhaas Bal Bal Keeth ||2||1||10||19||	Slave Nanak is a sacrifice, a sacrifice to Him. ||2||1||10||19||	ਹੇ ਨਾਨਕ! (ਨਾਮ ਜਪਣ ਵਾਲੇ ਅਜਿਹੇ) ਦਾਸ ਤੋਂ ਮੈਂ ਆਪਣੇ ਆਪ ਨੂੰ ਸਦਕੇ ਕਰਦਾ ਹਾਂ ਕੁਰਬਾਨ ਕਰਦਾ ਹਾਂ ॥੨॥੧॥੧੦॥੧੯॥
42036	980	ਨਟ ਅਸਟਪਦੀਆ ਮਹਲਾ ੪	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Natt Asattapadheeaa Mehalaa 4	Nat Ashtapadees, Fourth Mehl:	ਰਾਗ ਨਟ-ਨਾਰਾਇਨ ਵਿੱਚ ਗੁਰੂ ਰਾਮਦਾਸ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
42037	980	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
42038	980	ਰਾਮ ਮੇਰੇ ਮਨਿ ਤਨਿ ਨਾਮੁ ਅਧਾਰੇ॥		Raam Maerae Man Than Naam Adhhaarae ||	O Lord, Your Name is the support of my mind and body.	ਹੇ ਰਾਮ! ਮੇਰੇ ਮਨ ਵਿਚ ਮੇਰੇ ਤਨ ਵਿਚ ਤੇਰਾ ਨਾਮ ਹੀ ਆਸਰਾ ਹੈ।
42039	980	ਖਿਨੁ ਪਲੁ ਰਹਿ ਨ ਸਕਉ ਬਿਨੁ ਸੇਵਾ ਮੈ ਗੁਰਮਤਿ ਨਾਮੁ ਸਮ੍ਹਾਰੇ॥੧॥ਰਹਾਉ॥		Khin Pal Rehi N Sako Bin Saevaa Mai Guramath Naam Samhaarae ||1|| Rehaao ||	I cannot survive for a moment, even for an instant, without serving You. Following the Guru's Teachings, I dwell upon the Naam, the Name of the Lord. ||1||Pause||	ਤੇਰੀ ਸੇਵਾ-ਭਗਤੀ ਕਰਨ ਤੋਂ ਬਿਨਾ ਮੈਂ ਇਕ ਖਿਨ ਇਕ ਪਲ ਭਰ ਭੀ ਰਹਿ ਨਹੀਂ ਸਕਦਾ। ਗੁਰੂ ਦੀ ਸਰਨ ਪੈ ਕੇ ਮੈਂ ਤੇਰਾ ਨਾਮ ਆਪਣੇ ਹਿਰਦੇ ਵਿਚ ਵਸਾਂਦਾ ਹਾਂ ॥੧॥ ਰਹਾਉ ॥

42040	980	ਹਰਿ ਹਰਿ ਹਰਿ ਹਰਿ ਹਰਿ ਮਨਿ ਧਿਆਵਹੁ ਮੈ ਹਰਿ ਹਰਿ ਨਾਮੁ ਪਿਆਰੇ॥		Har Har Har Har Har Man Dhhiaavahu Mai Har Har Naam Piaarae ||	Within my mind, I meditate on the Lord, Har, Har, Har, Har, Har. The Name of the Lord, Har, Har, is so dear to me.	ਤੁਸੀ ਭੀ ਸਦਾ ਪਰਮਾਤਮਾ ਦਾ ਧਿਆਨ ਧਰਿਆ ਕਰੋ। ਮੈਨੂੰ ਤਾਂ ਹਰਿ-ਨਾਮ ਹੀ ਪਿਆਰਾ ਲੱਗਦਾ ਹੈ।
42041	980	ਦੀਨ ਦਇਆਲ ਭਏ ਪ੍ਰਭ ਠਾਕੁਰ ਗੁਰ ਕੈ ਸਬਦਿ ਸਵਾਰੇ॥੧॥		Dheen Dhaeiaal Bheae Prabh Thaakur Gur Kai Sabadh Savaarae ||1||	When God,my Lord and Master,became merciful to me the meek one, I was exalted by the Word of the Guru's Shabad. ||1||	ਠਾਕੁਰ-ਪ੍ਰਭੂ ਜਿਨ੍ਹਾਂ ਕੰਗਾਲਾਂ ਉਤੇ ਭੀ ਦਇਆਵਾਨ ਹੁੰਦੇ ਹਨ, ਉਹਨਾਂ ਦਾ ਜੀਵਨ ਗੁਰੂ ਦੇ ਸ਼ਬਦ ਦੀ ਰਾਹੀਂ ਸੋਹਣਾ ਬਣਾ ਦੇਂਦੇ ਹਨ ॥੧॥
42042	980	ਮਧਸੂਦਨ ਜਗਜੀਵਨ ਮਾਧੋ ਮੇਰੇ ਠਾਕੁਰ ਅਗਮ ਅਪਾਰੇ॥	ਜੱਗਜੀਵਨ	Madhhasoodhan Jagajeevan Maadhho Maerae Thaakur Agam Apaarae ||	Almighty Lord, Slayer of demons, Life of the World, my Lord and Master, inaccessible and infinite:	ਹੇ ਮਧ ਸੂਦਨ! ਹੇ ਜਗ ਜੀਵਨ! ਹੇ ਮਾਧੋ! ਹੇ ਮੇਰੇ ਠਾਕੁਰ! ਹੇ ਅਪਹੁੰਚ! ਹੇ ਬੇਅੰਤ!
42043	980	ਇਕ ਬਿਨਉ ਬੇਨਤੀ ਕਰਉ ਗੁਰ ਆਗੈ ਮੈ ਸਾਧੂ ਚਰਨ ਪਖਾਰੇ॥੨॥		Eik Bino Baenathee Karo Gur Aagai Mai Saadhhoo Charan Pakhaarae ||2||	I offer this one prayer to the Guru, to bless me, that I may wash the feet of the Holy. ||2||	(ਜੇ ਤੂੰ ਮਿਹਰ ਕਰੇਂ, ਤਾਂ ਤੇਰੇ ਨਾਮ ਦੀ ਪ੍ਰਾਪਤੀ ਵਾਸਤੇ) ਮੈਂ ਗੁਰੂ ਪਾਸ ਸਦਾ ਬੇਨਤੀ ਕਰਦਾ ਰਹਾਂ, ਮੈਂ ਗੁਰੂ ਦੇ ਚਰਨ ਹੀ ਧੋਂਦਾ ਰਹਾਂ ॥੨॥

42044	980	ਸਹਸ ਨੇਤ੍ਰ ਨੇਤ੍ਰ ਹੈ ਪ੍ਰਭ ਕਉ ਪ੍ਰਭ ਏਕੋ ਪੁਰਖੁ ਨਿਰਾਰੇ॥		Sehas Naethr Naethr Hai Prabh Ko Prabh Eaeko Purakh Niraarae ||	The thousands of eyes are the eyes of God; the One God, the Primal Being, remains unattached.	(ਸਰਬ-ਵਿਆਪਕ) ਪ੍ਰਭੂ ਦੀਆਂ ਹਜ਼ਾਰਾਂ ਹੀ ਅੱਖਾਂ ਹਨ, (ਫਿਰ ਭੀ) ਉਹ ਸਰਬ-ਵਿਆਪਕ ਪ੍ਰਭੂ ਸਦਾ ਨਿਰਲੇਪ ਹੈ।
42045	980	ਸਹਸ ਮੂਰਤਿ ਏਕੋ ਪ੍ਰਭੁ ਠਾਕੁਰੁ ਪ੍ਰਭੁ ਏਕੋ ਗੁਰਮਤਿ ਤਾਰੇ॥੩॥		Sehas Moorath Eaeko Prabh Thaakur Prabh Eaeko Guramath Thaarae ||3||	The One God, our Lord and Master, has thousands of forms; God alone, through the Guru's Teachings, saves us. ||3||	ਉਹ ਮਾਲਕ-ਪ੍ਰਭੂ ਹਜ਼ਾਰਾਂ ਸਰੀਰਾਂ ਵਾਲਾ ਹੈ, ਫਿਰ ਭੀ ਉਹ ਆਪਣੇ ਵਰਗਾ ਆਪ ਹੀ ਇੱਕ ਹੈ। ਉਹ ਆਪ ਹੀ ਗੁਰੂ ਦੀ ਮੱਤ ਦੀ ਰਾਹੀਂ ਜੀਵਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਂਦਾ ਹੈ ॥੩॥
42046	980	ਗੁਰਮਤਿ ਨਾਮੁ ਦਮੋਦਰੁ ਪਾਇਆ ਹਰਿ ਹਰਿ ਨਾਮੁ ਉਰਿ ਧਾਰੇ॥		Guramath Naam Dhamodhar Paaeiaa Har Har Naam Our Dhhaarae ||	Following the Guru's Teachings, I have been blessed with the Naam, the Name of the Lord. I have enshrined within my heart the Name of the Lord, Har, Har.	ਜਿਸ ਮਨੁੱਖ ਨੇ ਗੁਰੂ ਦੀ ਮੱਤ ਦੀ ਰਾਹੀਂ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲਿਆ, ਉਹ ਉਸ ਨਾਮ ਨੂੰ ਸਦਾ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ।

42047	980	ਹਰਿ ਹਰਿ ਕਥਾ ਬਨੀ ਅਤਿ ਮੀਠੀ ਜਿਉ ਗੂੰਗਾ ਗਟਕ ਸਮ੍ਹਾਰੇ॥੪॥		Har Har Kathhaa Banee Ath Meethee Jio Goongaa Gattak Samhaarae ||4||	The sermon of the Lord, Har, Har, is so very sweet; like the mute, I taste its sweetness, but I cannot describe it at all. ||4||	ਪਰਮਾਤਮਾ ਦੀ ਸਿਫ਼ਤ-ਸਾਲਾਹ ਉਸ ਨੂੰ ਬਹੁਤ ਮਿੱਠੀ ਲੱਗਦੀ ਹੈ, ਉਸ ਨੂੰ ਉਹ ਹਰ ਵੇਲੇ ਹਿਰਦੇ ਵਿਚ ਸੰਭਾਲੀ ਰੱਖਦਾ ਹੈ (ਪਰ ਕਿਸੇ ਨੂੰ ਦੱਸਦਾ ਨਹੀਂ,) ਜਿਵੇਂ ਕੋਈ ਗੂੰਗਾ (ਕੋਈ ਸ਼ਰਬਤ ਆਦਿਕ) ਬੜੇ ਸੁਆਦ ਨਾਲ ਪੀਂਦਾ ਹੈ (ਤੇ, ਸੁਆਦ ਦੱਸ ਨਹੀਂ ਸਕਦਾ) ॥੪॥
42048	980	ਰਸਨਾ ਸਾਦ ਚਖੈ ਭਾਇ ਦੂਜੈ ਅਤਿ ਫੀਕੇ ਲੋਭ ਬਿਕਾਰੇ॥	ਚੱਖੈ	Rasanaa Saadh Chakhai Bhaae Dhoojai Ath Feekae Lobh Bikaarae ||	The tongue savors the bland, insipid taste of the love of duality, greed and corruption.	ਜਿਸ ਮਨੁੱਖ ਦੀ ਜੀਭ ਮਾਇਆ ਦੇ ਮੋਹ ਦੇ ਕਾਰਨ (ਹੋਰ ਹੋਰ ਪਦਾਰਥਾਂ ਦੇ) ਸੁਆਦ ਚੱਖਦੀ ਰਹਿੰਦੀ ਹੈ, ਉਹ ਮਨੁੱਖ ਲੋਭ ਆਦਿਕ ਅੱਤ ਫਿੱਕੇ ਵਿਕਾਰਾਂ ਵਿਚ ਹੀ ਫਸਿਆ ਰਹਿੰਦਾ ਹੈ।
42049	980	ਜੋ ਗੁਰਮੁਖਿ ਸਾਦ ਚਖਹਿ ਰਾਮ ਨਾਮਾ ਸਭ ਅਨ ਰਸ ਸਾਦ ਬਿਸਾਰੇ॥੫॥	ਚੱਖਹਿ	Jo Guramukh Saadh Chakhehi Raam Naamaa Sabh An Ras Saadh Bisaarae ||5||	The Gurmukh tastes the flavor of the Lord's Name, and all other tastes and flavors are forgotten. ||5||	ਗੁਰੂ ਦੇ ਸਨਮੁਖ ਰਹਿਣ ਵਾਲੇ ਜਿਹੜੇ ਬੰਦੇ ਪਰਮਾਤਮਾ ਦੇ ਨਾਮ ਦਾ ਆਨੰਦ ਮਾਣਦੇ ਹਨ, ਉਹ ਹੋਰ ਹੋਰ ਰਸਾਂ ਦੇ ਸੁਆਦ ਭੁਲਾ ਦੇਂਦੇ ਹਨ ॥੫॥

42050	980	ਗੁਰਮਤਿ ਰਾਮ ਨਾਮੁ ਧਨੁ ਪਾਇਆ ਸੁਣਿ ਕਹਤਿਆ ਪਾਪ ਨਿਵਾਰੇ॥		Guramath Raam Naam Dhhan Paaeiaa Sun Kehathiaa Paap Nivaarae ||	Following the Guru's Teachings, I have obtained the wealth of the Lord's Name; hearing it, and chanting it, sins are eradicated.	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਮੱਤ ਲੈ ਕੇ ਪਰਮਾਤਮਾ ਦਾ ਨਾਮ-ਧਨ ਲੱਭ ਲਿਆ ਹੈ, ਉਹ ਸਦਾ ਨਾਮ ਸੁਣ ਕੇ ਤੇ ਉਚਾਰ ਕੇ ਪਾਪ ਦੂਰ ਕਰ ਲੈਂਦੇ ਹਨ।
42051	980	ਧਰਮਰਾਇ ਜਮੁ ਨੇੜਿ ਨ ਆਵੈ ਮੇਰੇ ਠਾਕੁਰ ਕੇ ਜਨ ਪਿਆਰੇ॥੬॥		Dhharam Raae Jam Naerr N Aavai Maerae Thaakur Kae Jan Piaarae ||6||	The Messenger of Death and the Righteous Judge of Dharma do not even approach the beloved servant of my Lord and Master. ||6||	ਅਜਿਹੇ ਮਨੁੱਖ ਮਾਲਕ-ਪ੍ਰਭੂ ਦੇ ਪਿਆਰੇ ਹੁੰਦੇ ਹਨ, ਧਰਮਰਾਜ ਜਾਂ (ਉਸ ਦਾ ਕੋਈ) ਜਮ ਉਹਨਾਂ ਦੇ ਨੇੜੇ ਨਹੀਂ ਢੁਕਦਾ ॥੬॥
42052	980	ਸਾਸ ਸਾਸ ਸਾਸ ਹੈ ਜੇਤੇ ਮੈ ਗੁਰਮਤਿ ਨਾਮੁ ਸਮ੍ਹਾਰੇ॥		Saas Saas Saas Hai Jaethae Mai Guramath Naam Samhaarae ||	With as many breaths as I have, I chant the Naam, under Guru's Instructions.	ਜ਼ਿੰਦਗੀ ਦੇ ਜਿਤਨੇ ਭੀ ਸਾਹ ਹਨ (ਉਹਨਾਂ ਵਿਚ) ਮੈਂ ਤਾਂ ਗੁਰੂ ਦੀ ਮੱਤ ਦੇ ਆਸਰੇ ਪਰਮਾਤਮਾ ਦਾ ਨਾਮ ਹੀ ਸਿਮਰਦਾ ਹਾਂ।
42053	980	ਸਾਸੁ ਸਾਸੁ ਜਾਇ ਨਾਮੈ ਬਿਨੁ ਸੋ ਬਿਰਥਾ ਸਾਸੁ ਬਿਕਾਰੇ॥੭॥		Saas Saas Jaae Naamai Bin So Birathhaa Saas Bikaarae ||7||	Each and every breath which escapes me without the Naam - that breath is useless and corrupt. ||7||	ਜਿਹੜਾ ਇੱਕ ਭੀ ਸਾਹ ਪ੍ਰਭੂ ਦੇ ਨਾਮ ਤੋਂ ਬਿਨਾ ਜਾਂਦਾ ਹੈ, ਉਹ ਸਾਹ ਵਿਅਰਥ ਜਾਂਦਾ ਹੈ, ਬੇ-ਕਾਰ ਜਾਂਦਾ ਹੈ ॥੭॥

42054	980	ਕ੍ਰਿਪਾ ਕ੍ਰਿਪਾ ਕਰਿ ਦੀਨ ਪ੍ਰਭ ਸਰਨੀ ਮੋਕਉ ਹਰਿ ਜਨ ਮੇਲਿ ਪਿਆਰੇ॥		Kirapaa Kirapaa Kar Dheen Prabh Saranee Mo Ko Har Jan Mael Piaarae ||	Please grant Your Grace; I am meek; I seek Your Sanctuary, God. Unite me with Your beloved, humble servants.	ਹੇ ਨਾਨਕ! ਹੇ ਪ੍ਰਭੂ! ਮੈਂ ਦੀਨ ਤੇਰੀ ਸਰਨ ਆਇਆ ਹਾਂ, ਮੇਰੇ ਉਤੇ ਮਿਹਰ ਕਰ ਮਿਹਰ ਕਰ। ਮੈਨੂੰ ਆਪਣੇ ਪਿਆਰੇ ਭਗਤ ਮਿਲਾ।
42055	981	ਨਾਨਕ ਦਾਸਨਿ ਦਾਸੁ ਕਹਤੁ ਹੈ ਹਮ ਦਾਸਨ ਕੇ ਪਨਿਹਾਰੇ॥੮॥੧॥		Naanak Dhaasan Dhaas Kehath Hai Ham Dhaasan Kae Panihaarae ||8||1||	Nanak, the slave of Your slaves, says, I am the water-carrier of Your slaves. ||8||1||	ਮੈਂ ਤੇਰੇ ਦਾਸਾਂ ਦਾ ਦਾਸ ਆਖਦਾ ਹਾਂ, ਮੈਨੂੰ ਆਪਣੇ ਦਾਸਾਂ ਦਾ ਪਾਣੀ ਢੋਣ ਵਾਲਾ ਬਣਾਈ ਰੱਖ ॥੮॥੧॥
42056	981	ਨਟ ਮਹਲਾ ੪ ॥		Natt Mehalaa 4 ||	Nat, Fourth Mehl:	
42057	981	ਰਾਮ ਹਮ ਪਾਥਰ ਨਿਰਗੁਨੀਆਰੇ॥	ਨਿਰਗੁਨੀ-ਆਰੇ	Raam Ham Paathhar Niraguneeaarae ||	O Lord, I am an unworthy stone.	ਹੇ ਮੇਰੇ ਰਾਮ! ਅਸੀਂ ਜੀਵ ਨਿਰਦਈ ਹਾਂ, ਗੁਣਾਂ ਤੋਂ ਸੱਖਣੇ ਹਾਂ।
42058	981	ਕ੍ਰਿਪਾ ਕ੍ਰਿਪਾ ਕਰਿ ਗੁਰੂ ਮਿਲਾਏ ਹਮ ਪਾਹਨ ਸਬਦਿ ਗੁਰ ਤਾਰੇ॥੧॥ਰਹਾਉ॥		Kirapaa Kirapaa Kar Guroo Milaaeae Ham Paahan Sabadh Gur Thaarae ||1|| Rehaao ||	The Merciful Lord, in His Mercy, has led me to meet the Guru; through the Word of the Guru's Shabad, this stone is carried across. ||1||Pause||	ਮਿਹਰ ਕਰ ਮਿਹਰ ਕਰ, ਸਾਨੂੰ ਗੁਰੂ ਮਿਲਾ। ਸਾਨੂੰ ਪੱਥਰਾਂ ਨੂੰ ਗੁਰੂ ਦੇ ਸ਼ਬਦ ਦੀ ਰਾਹੀਂ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ॥੧॥ ਰਹਾਉ ॥

42059	981	ਸਤਿਗੁਰ ਨਾਮੁ ਦ੍ਰਿੜਾਏ ਅਤਿ ਮੀਠਾ ਮੈਲਾਗਰੁ ਮਲਗਾਰੇ॥	(ਮੈਲਾਗਰੁ) ਚੰਦਨ। (ਮਲਗਾਰੇ) ਖ਼ਸ਼ਬੂਦਾਰ, ਮੈਲ ਗਾਲਣ ਵਾਲਾ	Sathigur Naam Dhrirraaeae Ath Meethaa Mailaagar Malagaarae ||	The True Guru has implanted within me the exceedingly sweet Naam, the Name of the Lord; it is like the most fragrant sandalwood.	ਹੇ ਗੁਰੂ! ਪਰਮਾਤਮਾ ਦਾ ਨਾਮ (ਮੇਰੇ ਹਿਰਦੇ ਵਿਚ) ਪੱਕਾ ਕਰ, ਇਹ ਨਾਮ ਬਹੁਤ ਮਿੱਠਾ ਹੈ ਤੇ (ਠੰਢਕ ਅਪੜਾਣ ਵਿਚ) ਚੰਦਨ ਤੋਂ ਭੀ ਸ੍ਰੇਸ਼ਟ ਹੈ।
42060	981	ਨਾਮੈ ਸੁਰਤਿ ਵਜੀ ਹੈ ਦਹ ਦਿਸਿ ਹਰਿ ਮੁਸਕੀ ਮੁਸਕ ਗੰਧਾਰੇ॥੧॥	ਵੱਜੀ	Naamai Surath Vajee Hai Dheh Dhis Har Musakee Musak Gandhhaarae ||1||	Through the Name, my awareness extends in the ten directions; the fragrance of the fragrant Lord permeates the air. ||1||	ਨਾਮ ਦੀ ਬਰਕਤਿ ਨਾਲ ਹੀ ਇਹ ਸੁਰਤ ਪ੍ਰਬਲ ਹੁੰਦੀ ਹੈ ਕਿ ਜਗਤ ਵਿਚ ਹਰ ਪਾਸੇ ਪਰਮਾਤਮਾ ਦੀ ਹਸਤੀ ਦੀ ਸੁਗੰਧੀ ਪਸਰ ਰਹੀ ਹੈ ॥੧॥
42061	981	ਤੇਰੀ ਨਿਰਗੁਣ ਕਥਾ ਕਥਾ ਹੈ ਮੀਠੀ ਗੁਰਿ ਨੀਕੇ ਬਚਨ ਸਮਾਰੇ॥		Thaeree Niragun Kathhaa Kathhaa Hai Meethee Gur Neekae Bachan Samaarae ||	Your unlimited sermon is the most sweet sermon; I contemplate the most Sublime Word of the Guru.	ਹੇ ਪ੍ਰਭੂ! ਤੇਰੀ ਸਿਫ਼ਤ-ਸਾਲਾਹ ਮਿੱਠੀ ਹੈ, ਇਸ ਉਤੇ ਮਾਇਆ ਦੇ ਤਿੰਨ ਗੁਣਾਂ ਦਾ ਪ੍ਰਭਾਵ ਨਹੀਂ ਪੈ ਸਕਦਾ। ਗੁਰੂ ਦੀ ਰਾਹੀਂ (ਤੇਰੀ ਸਿਫ਼ਤ-ਸਾਲਾਹ ਦੇ) ਸੋਹਣੇ ਬਚਨ ਹਿਰਦੇ ਵਿਚ ਵਸਾਏ ਜਾ ਸਕਦੇ ਹਨ।
42062	981	ਗਾਵਤ ਗਾਵਤ ਹਰਿ ਗੁਨ ਗਾਏ ਗੁਨ ਗਾਵਤ ਗੁਰਿ ਨਿਸਤਾਰੇ॥੨॥		Gaavath Gaavath Har Gun Gaaeae Gun Gaavath Gur Nisathaarae ||2||	Singing, singing, I sing the Glorious Praises of the Lord; singing His Glorious Praises, the Guru saves me. ||2||	ਜਿਨ੍ਹਾਂ ਮਨੁੱਖਾਂ ਨੇ ਹਰ ਵੇਲੇ ਪਰਮਾਤਮਾ ਦੇ ਗੁਣ ਗਾਵਣੇ ਸ਼ੁਰੂ ਕੀਤੇ, ਗੁਣ ਗਾਂਦਿਆਂ ਉਹਨਾਂ ਨੂੰ ਗੁਰੂ ਨੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ ॥੨॥

42063	981	ਬਿਬੇਕੁ ਗੁਰੂ ਗੁਰੂ ਸਮਦਰਸੀ ਤਿਸੁ ਮਿਲੀਐ ਸੰਕ ਉਤਾਰੇ॥		Bibaek Guroo Guroo Samadharasee This Mileeai Sank Outhaarae ||	The Guru is wise and clear; the Guru looks upon all alike. Meeting with Him, doubt and skepticism are removed.	ਗੁਰੂ ਚੰਗੇ ਮੰਦੇ ਕੰਮਾਂ ਦੀ ਪਰਖ ਕਰਨ ਵਿਚ ਨਿਪੁੰਨ ਹੈ, ਗੁਰੂ ਸਭ ਜੀਵਾਂ ਨੂੰ ਇਕੋ ਜਿਹਾ ਪਿਆਰ ਨਾਲ ਵੇਖਣ ਵਾਲਾ ਹੈ। (ਆਪਣੇ ਮਨ ਦੇ ਸਾਰੇ) ਸ਼ੰਕੇ ਦੂਰ ਕਰ ਕੇ ਉਸ (ਗੁਰੂ) ਨੂੰ ਮਿਲਣਾ ਚਾਹੀਦਾ ਹੈ।
42064	981	ਸਤਿਗੁਰ ਮਿਲਿਐ ਪਰਮਪਦੁ ਪਾਇਆ ਹਉ ਸਤਿਗੁਰ ਕੈ ਬਲਿਹਾਰੇ॥੩॥		Sathigur Miliai Param Padh Paaeiaa Ho Sathigur Kai Balihaarae ||3||	Meeting with the True Guru, I have obtained the supreme status. I am a sacrifice to the True Guru. ||3||	ਜੇ ਗੁਰੂ ਮਿਲ ਪਏ, ਤਾਂ ਸਭ ਤੋਂ ਉੱਚੀ ਆਤਮਕ ਅਵਸਥਾ ਪ੍ਰਾਪਤ ਹੋ ਜਾਂਦੀ ਹੈ। ਮੈਂ ਗੁਰੂ ਤੋਂ ਸਦਕੇ ਹਾਂ ॥੩॥
42065	981	ਪਾਖੰਡ ਪਾਖੰਡ ਕਰਿ ਕਰਿ ਭਰਮੇ ਲੋਭੁ ਪਾਖੰਡੁ ਜਗਿ ਬੁਰਿਆਰੇ॥	ਜੱਗਿ	Paakhandd Paakhandd Kar Kar Bharamae Lobh Paakhandd Jag Buriaarae ||	Practicing hypocrisy and deception, people wander around in confusion. Greed and hypocrisy are evils in this world.	(ਮਾਇਆ ਆਦਿਕ ਬਟੋਰਨ ਲਈ ਅਨੇਕਾਂ ਧਾਰਮਿਕ) ਦਿਖਾਵੇ ਸਦਾ ਕਰ ਕਰ ਕੇ (ਜੀਵ) ਭਟਕਦੇ ਫਿਰਦੇ ਹਨ। ਇਹ ਲੋਭ ਤੇ ਇਹ (ਧਾਰਮਿਕ) ਵਿਖਾਵਾ ਜਗਤ ਵਿਚ ਇਹ ਬੜੇ ਭੈੜੇ (ਵੈਰੀ) ਹਨ।
42066	981	ਹਲਤਿ ਪਲਤਿ ਦੁਖਦਾਈ ਹੋਵਹਿ ਜਮਕਾਲੁ ਖੜਾ ਸਿਰਿ ਮਾਰੇ॥੪॥	ਖੜ੍ਹਾ	Halath Palath Dhukhadhaaee Hovehi Jamakaal Kharraa Sir Maarae ||4||	In this world and the next, they are miserable; the Messenger of Death hovers over their heads, and strikes them down. ||4||	ਇਸ ਲੋਕ ਵਿਚ ਅਤੇ ਪਰਲੋਕ ਵਿਚ (ਇਹ ਸਦਾ) ਦੁਖਦਾਈ ਹੁੰਦੇ ਹਨ, (ਇਹਨਾਂ ਦੇ ਕਾਰਨ) ਜਮਕਾਲ (ਜੀਵਾਂ ਦੇ) ਸਿਰ ਉਤੇ ਖਲੋਤਾ ਹੋਇਆ (ਸਭਨਾਂ ਨੂੰ) ਆਤਮਕ ਮੌਤੇ ਮਾਰੀ ਜਾਂਦਾ ਹੈ ॥੪॥

42067	981	ਉਗਵੈ ਦਿਨਸੁ ਆਲੁ ਜਾਲੁ ਸਮ੍ਹਾਲੈ ਬਿਖੁ ਮਾਇਆ ਕੇ ਬਿਸਥਾਰੇ॥		Ougavai Dhinas Aal Jaal Samhaalai Bikh Maaeiaa Kae Bisathhaarae ||	At the break of day, they take care of their affairs, and the poisonous entanglements of Maya.	(ਜਦੋਂ) ਦਿਨ ਚੜ੍ਹਦਾ ਹੈ (ਉਸੇ ਵੇਲੇ ਲੋਭ-ਵਸ ਜੀਵ) ਘਰ ਦੇ ਧੰਧੇ, ਆਤਮਕ ਮੌਤ ਲਿਆਉਣ ਵਾਲੀ ਮਾਇਆ ਦੇ ਖਿਲਾਰੇ ਸ਼ੁਰੂ ਕਰਦਾ ਹੈ;
42068	981	ਆਈ ਰੈਨਿ ਭਇਆ ਸੁਪਨੰਤਰੁ ਬਿਖੁ ਸੁਪਨੈ ਭੀ ਦੁਖ ਸਾਰੇ॥੫॥		Aaee Rain Bhaeiaa Supananthar Bikh Supanai Bhee Dhukh Saarae ||5||	When night falls, they enter the land of dreams, and even in dreams, they take care of their corruptions and pains. ||5||	(ਜਦੋਂ) ਰਾਤ ਆ ਗਈ (ਤਦੋਂ ਜੀਵ ਦਿਨ ਵਾਲੇ ਕੀਤੇ ਧੰਧਿਆਂ ਅਨੁਸਾਰ) ਸੁਪਨਿਆਂ ਵਿਚ ਗ਼ਲਤਾਨ ਹੋ ਗਿਆ, ਸੁਪਨੇ ਵਿਚ ਭੀ ਆਤਮਕ ਮੌਤ ਲਿਆਉਣ ਵਾਲੇ ਦੁੱਖਾਂ ਨੂੰ ਹੀ ਸੰਭਾਲਦਾ ਹੈ ॥੫॥
42069	981	ਕਲਰੁ ਖੇਤੁ ਲੈ ਕੂੜੁ ਜਮਾਇਆ ਸਭ ਕੂੜੈ ਕੇ ਖਲਵਾਰੇ॥	ਕੱਲਰੁ	Kalar Khaeth Lai Koorr Jamaaeiaa Sabh Koorrai Kae Khalavaarae ||	Taking a barren field, they plant falsehood; they shall harvest only falsehood.	ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖਾਂ ਦਾ ਇਹ ਹਿਰਦਾ-ਖੇਤ ਕੱਲਰ ਹੈ (ਜਿਸ ਵਿਚ ਨਾਮ-ਬੀਜ ਨਹੀਂ ਉੱਗ ਸਕਦਾ। ਸਾਕਤ) ਉਸ ਵਿਚ ਨਾਸਵੰਤ ਪਦਾਰਥਾਂ ਦਾ ਮੋਹ ਹੀ ਬੀਜਦੇ ਰਹਿੰਦੇ ਹਨ, ਅਤੇ ਮੋਹ ਮਾਇਆ ਦੇ ਖਲਵਾੜੇ ਹੀ ਇਕੱਠੇ ਕਰਦੇ ਹਨ।

42070	981	ਸਾਕਤ ਨਰ ਸਭਿ ਭੂਖ ਭੁਖਾਨੇ ਦਰਿ ਠਾਢੇ ਜਮ ਜੰਦਾਰੇ॥੬॥		Saakath Nar Sabh Bhookh Bhukhaanae Dhar Thaadtae Jam Jandhaarae ||6||	The materialistic people shall all remain hungry; the brutal Messenger of Death stands waiting at their door. ||6||	(ਇਸ ਦਾ ਸਿੱਟਾ ਇਹ ਨਿਕਲਦਾ ਹੈ ਕਿ) ਸਾਕਤ ਮਨੁੱਖ ਹਰ ਵੇਲੇ ਤ੍ਰਿਸ਼ਨਾ ਦੇ ਮਾਰੇ ਹੋਏ ਰਹਿੰਦੇ ਹਨ, ਤੇ, ਬਲੀ ਜਮਰਾਜ ਦੇ ਦਰ ਤੇ ਖਲੋਤੇ ਰਹਿੰਦੇ ਹਨ (ਜਮਾਂ ਦੇ ਵੱਸ ਪਏ ਰਹਿੰਦੇ ਹਨ) ॥੬॥
42071	981	ਮਨਮੁਖ ਕਰਜੁ ਚੜਿਆ ਬਿਖੁ ਭਾਰੀ ਉਤਰੈ ਸਬਦੁ ਵੀਚਾਰੇ॥		Manamukh Karaj Charriaa Bikh Bhaaree Outharai Sabadh Veechaarae ||	The self-willed manmukh has accumulated a tremendous load of debt in sin; only by contemplating the Word of the Shabad, can this debt be paid off.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦਿਆਂ ਦੇ ਸਿਰ ਉਤੇ ਆਤਮਕ ਮੌਤ ਲਿਆਉਣ ਵਾਲਾ (ਵਿਕਾਰਾਂ ਦਾ) ਕਰਜ਼ਾ ਚੜ੍ਹਿਆ ਰਹਿੰਦਾ ਹੈ, ਗੁਰੂ ਦੇ ਸ਼ਬਦ ਨੂੰ ਮਨ ਵਿਚ ਵਸਾਇਆਂ ਹੀ ਇਹ ਕਰਜ਼ਾ ਉਤਰਦਾ ਹੈ।
42072	981	ਜਿਤਨੇ ਕਰਜ ਕਰਜ ਕੇ ਮੰਗੀਏ ਕਰਿ ਸੇਵਕ ਪਗਿ ਲਗਿ ਵਾਰੇ॥੭॥	ਪਗਿ: ਪੋਲਾ ਬੋਲੋ, ਲੱਗਿ	Jithanae Karaj Karaj Kae Mangeeae Kar Saevak Pag Lag Vaarae ||7||	As much debt and as many creditors as there are, the Lord makes them into servants, who fall at his feet. ||7||	(ਜਦੋਂ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਤਦੋਂ) ਕਰਜ਼ਾ ਮੰਗਣ ਵਾਲੇ ਇਹਨਾਂ ਸਾਰੇ ਹੀ ਜਮਦੂਤਾਂ ਨੂੰ (ਗੁਰ-ਸ਼ਬਦ ਦਾ ਆਸਰਾ ਲੈਣ ਵਾਲਿਆਂ ਦਾ) ਸੇਵਕ ਬਣਾ ਕੇ ਉਹਨਾਂ ਦੀ ਚਰਨੀਂ ਲਾ ਕੇ ਰੋਕ ਦਿੱਤਾ ਜਾਂਦਾ ਹੈ ॥੭॥

42073	981	ਜਗੰਨਾਥ ਸਭਿ ਜੰਤ੍ਰ ਉਪਾਏ ਨਕਿ ਖੀਨੀ ਸਭ ਨਥਹਾਰੇ॥	ਰਾਮ ਜੀ ਨੇ ਮਨ ਰੂਪੀ ਨੱਕ ਚ ਹੁਕਮ ਰੂਪੀ ਨੱਥ ਪਾਈ ਹੈ। ਨੱਕਿ ਖੀਨੀ ਪਾੜ ਕੇ ਸਭ (ਨੱਥਹਾਰੇ) ਨੱਥ ਵਾਲੇ ਕਰ ਲਏ ਭਾਵ ਅਪਣੇ ਅਧੀਨ ਕਰ ਲਏ ਹਨ।ਜੱਗੰਨਾਥ, ਨੱਥਹਾਰੇ।	Jagannaathh Sabh Janthr Oupaaeae Nak Kheenee Sabh Nathhehaarae ||	All the beings which the Lord of the Universe created - He puts the rings through their noses, and leads them all along.	(ਹੇ ਭਾਈ ਜੀਵਾਂ ਦੇ ਭੀ ਕੀਹ ਵੱਸ?) ਇਹ ਸਾਰੇ ਜੀਵ ਜਗਤ ਦੇ ਨਾਥ-ਪ੍ਰਭੂ ਦੇ ਪੈਦਾ ਕੀਤੇ ਹੋਏ ਹਨ, ਨੱਕੋ-ਵਿੰਨ੍ਹੇ ਹੋਏ (ਪਸ਼ੂਆਂ ਵਾਂਗ) ਸਭ ਉਸੇ ਦੇ ਵੱਸ ਵਿਚ ਹਨ।
42074	981	ਨਾਨਕ ਪ੍ਰਭੁ ਖਿੰਚੈ ਤਿਵ ਚਲੀਐ ਜਿਉ ਭਾਵੈ ਰਾਮ ਪਿਆਰੇ॥੮॥੨॥		Naanak Prabh Khinchai Thiv Chaleeai Jio Bhaavai Raam Piaarae ||8||2||	O Nanak, as God drives us on, so do we follow; it is all the Will of the Beloved Lord. ||8||2||	ਹੇ ਨਾਨਕ! ਜਿਵੇਂ ਪ੍ਰਭੂ (ਜੀਵਾਂ ਦੀ ਨੱਥ) ਖਿੱਚਦਾ ਹੈ, ਜਿਵੇਂ ਪਿਆਰੇ ਰਾਮ ਦੀ ਰਜ਼ਾ ਹੁੰਦੀ ਹੈ ਤਿਵੇਂ ਹੀ (ਜੀਵਾਂ ਨੂੰ) ਤੁਰਨਾ ਪੈਂਦਾ ਹੈ ॥੮॥੨॥
42075	981	ਨਟ ਮਹਲਾ ੪॥		Natt Mehalaa 4 ||	Nat, Fourth Mehl:	
42076	981	ਰਾਮ ਹਰਿ ਅੰਮ੍ਰਿਤ ਸਰਿ ਨਾਵਾਰੇ॥	ਨ੍ਹਾਵਾਰੇ	Raam Har Anmrith Sar Naavaarae ||	The Lord has bathed me in the pool of Ambrosial Nectar.	ਹੇ ਰਾਮ! ਹੇ ਹਰੀ! (ਜਿਹੜਾ ਮਨੁੱਖ ਤੇਰੀ ਮਿਹਰ ਨਾਲ) ਆਤਮਕ ਜੀਵਨ ਦੇਣ ਵਾਲੇ ਤੇਰੇ ਨਾਮ-ਜਲ ਦੇ ਸਰ ਵਿਚ (ਆਪਣੇ ਮਨ ਨੂੰ) ਇਸ਼ਨਾਨ ਕਰਾਂਦਾ ਹੈ,

42077	981	ਸਤਿਗੁਰਿ ਗਿਆਨੁ ਮਜਨੁ ਹੈ ਨੀਕੋ ਮਿਲਿ ਕਲਮਲ ਪਾਪ ਉਤਾਰੇ॥੧॥ਰਹਾਉ॥	ਮੱਜਨੁ	Sathigur Giaan Majan Hai Neeko Mil Kalamal Paap Outhaarae ||1|| Rehaao ||	The spiritual wisdom of the True Guru is the most excellent cleansing bath; bathing in it, all the filthy sins are washed away. ||1||Pause||	(ਉਹ ਮਨੁੱਖ ਗੁਰੂ ਨੂੰ) ਮਿਲ ਕੇ (ਆਪਣੇ ਸਾਰੇ) ਪਾਪ ਵਿਕਾਰ ਲਾਹ ਲੈਂਦਾ ਹੈ। (ਗੁਰੂ ਦੀ ਰਾਹੀਂ) ਆਤਮਕ ਜੀਵਨ ਦੀ ਸੂਝ ਹੀ ਗੁਰੂ (-ਸਰੋਵਰ) ਵਿਚ ਸੋਹਣਾ ਇਸ਼ਨਾਨ ਹੈ ॥੧॥ ਰਹਾਉ ॥
42078	981	ਸੰਗਤਿ ਕਾ ਗੁਨੁ ਬਹੁਤੁ ਅਧਿਕਾਈ ਪੜਿ ਸੂਆ ਗਨਕ ਉਧਾਰੇ॥	ਪੜ੍ਹਿ	Sangath Kaa Gun Bahuth Adhhikaaee Parr Sooaa Ganak Oudhhaarae ||	The virtues of the Sangat, the Holy Congregation, are so very great. Even the prostitute was saved, by teaching the parrot to speak the Lord's Name.	ਸੰਗਤ ਦਾ ਅਸਰ ਬਹੁਤ ਅਧਿਕ ਹੋਇਆ ਕਰਦਾ ਹੈ, (ਵੇਖੋ,) ਤੋਤਾ (ਗਨਿਕਾ ਪਾਸੋਂ 'ਰਾਮ ਨਾਮ') ਪੜ੍ਹ ਕੇ ਗਨਿਕਾ ਨੂੰ (ਵਿਕਾਰਾਂ ਦੇ ਸਮੁੰਦਰ ਤੋਂ) ਪਾਰ ਲੰਘਾ ਗਿਆ।
42079	981	ਪਰਸ ਨਪਰਸ ਭਏ ਕੁਬਿਜਾ ਕਉ ਲੈ ਬੈਕੁੰਠਿ ਸਿਧਾਰੇ॥੧॥	ਨ-ਪਰਸ। ਕੁਬਿ-ਜਾ: ਪੋਲਾ ਬੋਲੋ	Paras Naparas Bheae Kubijaa Ko Lai Baikunth Sidhhaarae ||1||	Krishna was pleased, and so he touched the hunch-back Kubija, and she was transported to the heavens. ||1||	ਕੁਬਿਜਾ ਨੂੰ (ਸ੍ਰੀ ਕ੍ਰਿਸ਼ਨ ਜੀ ਦੇ ਚਰਨਾਂ ਦੀ) ਸ੍ਰੇਸ਼ਟ ਛੋਹ ਪ੍ਰਾਪਤ ਹੋਈ, (ਉਹ ਛੋਹ) ਉਸ ਨੂੰ ਬੈਕੁੰਠ ਵਿਚ ਭੀ ਲੈ ਪਹੁੰਚੀ ॥੧॥

42080	981	ਅਜਾਮਲ ਪ੍ਰੀਤਿ ਪੁਤ੍ਰ ਪ੍ਰਤਿ ਕੀਨੀ ਕਰਿ ਨਾਰਾਇਣ ਬੋਲਾਰੇ॥	ਅਜਾ-ਮੱਲ	Ajaamal Preeth Puthr Prath Keenee Kar Naaraaein Bolaarae ||	Ajaamal loved his son Naaraayan, and called out his name.	ਅਜਾਮਲ ਦੀ ਆਪਣੇ ਪੁੱਤਰ (ਨਾਰਾਇਣ) ਨਾਲ ਕੀਤੀ ਹੋਈ ਪ੍ਰੀਤ (ਜਗਤ-ਪ੍ਰਸਿਧ ਹੈ। ਅਜਾਮਲ ਆਪਣੇ ਪੁੱਤਰ ਨੂੰ) ਨਾਰਾਇਣ ਨਾਮ ਨਾਲ ਬੁਲਾਂਦਾ ਸੀ (ਨਾਰਾਇਣ ਆਖਦਿਆਂ ਉਸ ਦੀ ਪ੍ਰੀਤ ਨਾਰਾਇਣ-ਪ੍ਰਭੂ ਨਾਲ ਭੀ ਬਣ ਗਈ)।
42081	981	ਮੇਰੇ ਠਾਕੁਰ ਕੈ ਮਨਿ ਭਾਇ ਭਾਵਨੀ ਜਮਕੰਕਰ ਮਾਰਿ ਬਿਦਾਰੇ॥੨॥		Maerae Thaakur Kai Man Bhaae Bhaavanee Jamakankar Maar Bidhaarae ||2||	His loving devotion pleased my Lord and Master, who struck down and drove off the Messengers of Death. ||2||	ਪਿਆਰੇ ਮਾਲਕ ਪ੍ਰਭੂ ਨਾਰਾਇਣ ਦੇ ਮਨ ਵਿਚ (ਅਜਾਮਲ ਦੀ ਉਹ) ਪ੍ਰੀਤ ਪਸੰਦ ਆ ਗਈ, ਉਸ ਨੇ ਜਮਦੂਤਾਂ ਨੂੰ ਮਾਰ ਕੇ (ਅਜਾਮਲ ਤੋਂ ਪਰੇ) ਭਜਾ ਦਿੱਤਾ ॥੨॥
42082	981	ਮਾਨੁਖੁ ਕਥੈ ਕਥਿ ਲੋਕ ਸੁਨਾਵੈ ਜੋ ਬੋਲੈ ਸੋ ਨ ਬੀਚਾਰੇ॥		Maanukh Kathhai Kathh Lok Sunaavai Jo Bolai So N Beechaarae ||	The mortal speaks and by speaking, makes the people listen; but he does not reflect upon what he himself says.	ਪਰ, ਜੇ ਮਨੁੱਖ ਨਿਰਾ ਜ਼ਬਾਨੀ ਗੱਲਾਂ ਹੀ ਕਰਦਾ ਹੈ ਤੇ ਗੱਲਾਂ ਕਰ ਕੇ ਨਿਰਾ ਲੋਕਾਂ ਨੂੰ ਹੀ ਸੁਣਾਂਦਾ ਹੈ (ਉਸ ਨੂੰ ਆਪ ਨੂੰ ਇਸ ਦਾ ਕੋਈ ਲਾਭ ਨਹੀਂ ਹੁੰਦਾ); ਜੋ ਕੁਝ ਉਹ ਬੋਲਦਾ ਹੈ ਉਸ ਨੂੰ ਆਪਣੇ ਮਨ ਵਿਚ ਨਹੀਂ ਵਸਾਂਦਾ।

42083	981	ਸਤਸੰਗਤਿ ਮਿਲੈ ਤ ਦਿੜਤਾ ਆਵੈ ਹਰਿ ਰਾਮ ਨਾਮਿ ਨਿਸਤਾਰੇ॥੩॥		Sathasangath Milai Th Dhirrathaa Aavai Har Raam Naam Nisathaarae ||3||	But when he joins the Sat Sangat, the True Congregation, he is confirmed in his faith, and he is saved by the Name of the Lord. ||3||	ਜਦੋਂ ਮਨੁੱਖ (ਗੁਰੂ ਦੀ) ਸਾਧ ਸੰਗਤ ਵਿਚ ਮਿਲ ਬੈਠਦਾ ਹੈ ਜਦੋਂ ਉਸ ਦੇ ਅੰਦਰ ਸਰਧਾ ਬੱਝਦੀ ਹੈ, (ਗੁਰੂ ਉਸ ਨੂੰ) ਪਰਮਾਤਮਾ ਦੇ ਨਾਮ (ਵਿਚ ਜੋੜ ਕੇ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦੇਂਦਾ ਹੈ ॥੩॥
42084	981	ਜਬ ਲਗੁ ਜੀਉ ਪਿੰਡੁ ਹੈ ਸਾਬਤੁ ਤਬ ਲਗਿ ਕਿਛੁ ਨ ਸਮਾਰੇ॥	ਲੱਗੁ,ਸਮ੍ਹਾਰੇ	Jab Lag Jeeo Pindd Hai Saabath Thab Lag Kishh N Samaarae ||	As long as his soul and body are healthy and strong, he does not remember the Lord at all.	ਜਦੋਂ ਤਕ ਜਿੰਦ ਤੇ ਸਰੀਰ (ਦਾ ਮੇਲ) ਕਾਇਮ ਰਹਿੰਦਾ ਹੈ, ਤਦੋਂ ਤਕ (ਪ੍ਰਭੂ ਨਾਲੋਂ ਟੁੱਟਾ ਹੋਇਆ ਮਨੁੱਖ ਪ੍ਰਭੂ ਦੀ ਯਾਦ ਨੂੰ) ਹਿਰਦੇ ਵਿਚ ਨਹੀਂ ਵਸਾਂਦਾ,
42085	981	ਜਬ ਘਰ ਮੰਦਰਿ ਆਗਿ ਲਗਾਨੀ ਕਢਿ ਕੂਪੁ ਕਢੈ ਪਨਿਹਾਰੇ॥੪॥		Jab Ghar Mandhar Aag Lagaanee Kadt Koop Kadtai Panihaarae ||4||	But when his home and mansion catch fire, then, he wants to dig the well to draw water. ||4||	(ਇਸ ਦਾ ਹਾਲ ਉਸੇ ਮਨੁੱਖ ਵਾਂਗ ਸਮਝੋ, ਜਿਸ ਦੇ) ਘਰ-ਮਹਲ ਵਿਚ ਜਦੋਂ ਅੱਗ ਲੱਗਦੀ ਹੈ ਤਦੋਂ ਖੂਹ ਪੁੱਟ ਕੇ ਪਾਣੀ ਕੱਢਦਾ ਹੈ (ਅੱਗ ਬੁਝਾਣ ਲਈ) ॥੪॥
42086	981	ਸਾਕਤ ਸਿਉ ਮਨ ਮੇਲੁ ਨ ਕਰੀਅਹੁ ਜਿਨਿ ਹਰਿ ਹਰਿ ਨਾਮੁ ਬਿਸਾਰੇ॥		Saakath Sio Man Mael N Kareeahu Jin Har Har Naam Bisaarae ||	O mind, do not join with the faithless cynic, who has forgotten the Name of the Lord, Har, Har.	ਹੇ ਮੇਰੇ ਮਨ! ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਉੱਕਾ ਹੀ ਭੁਲਾ ਦਿੱਤਾ ਹੈ (ਉਹ ਸਾਕਤ ਹੈ, ਉਸ) ਸਾਕਤ ਨਾਲ ਕਦੇ ਸਾਂਝ ਨਾਹ ਪਾਈ,

42087	981	ਸਾਕਤ ਬਚਨ ਬਿਛੂਆ ਜਿਉ ਡਸੀਐ ਤਜਿ ਸਾਕਤ ਪਰੈ ਪਰਾਰੇ॥੫॥	ਡੱਸੀਐ	Saakath Bachan Bishhooaa Jio Ddaseeai Thaj Saakath Parai Paraarae ||5||	The word of the faithless cynic stings like a scorpion; leave the faithless cynic far, far behind. ||5||	ਕਿਉਂਕਿ ਸਾਕਤ ਦੇ ਬਚਨਾਂ ਨਾਲ ਮਨੁੱਖ ਇਉਂ ਡੰਗਿਆ ਜਾਂਦਾ ਹੈ ਜਿਵੇਂ ਸੱਪ-ਠੂਹੇਂ ਦੇ ਡੰਗ ਨਾਲ। ਸਾਕਤ (ਦਾ ਸੰਗ) ਛੱਡ ਕੇ ਉਸ ਤੋਂ ਪਰੇ ਹੀ ਹੋਰ ਪਰੇ ਰਹਿਣਾ ਚਾਹੀਦਾ ਹੈ ॥੫॥
42088	982	ਲਗਿ ਲਗਿ ਪ੍ਰੀਤਿ ਬਹੁ ਪ੍ਰੀਤਿ ਲਗਾਈ ਲਗਿ ਸਾਧੂਸੰਗਿ ਸਵਾਰੇ॥	ਲੱਗਿ	Lag Lag Preeth Bahu Preeth Lagaaee Lag Saadhhoo Sang Savaarae ||	Fall in love, fall deeply in love with the Lord; clinging to the Saadh Sangat, the Company of the Holy, you will be exalted and embellished.	(ਜਿਨ੍ਹਾਂ ਮਨੁੱਖਾਂ ਨੇ) ਮੁੜ ਮੁੜ (ਗੁਰੂ ਦੀ ਚਰਨੀਂ) ਲੱਗ ਕੇ (ਆਪਣੇ ਹਿਰਦੇ ਵਿਚ ਪ੍ਰਭੂ-ਚਰਨਾਂ ਦੀ) ਬਹੁਤ ਪ੍ਰੀਤ ਪੈਦਾ ਕਰ ਲਈ, ਗੁਰੂ ਦੀ ਸੰਗਤ ਵਿਚ ਰਹਿ ਕੇ ਆਪਣੇ ਜੀਵਨ ਚੰਗੇ ਬਣਾ ਲਏ,
42089	982	ਗੁਰ ਕੇ ਬਚਨ ਸਤਿ ਸਤਿ ਕਰਿ ਮਾਨੇ ਮੇਰੇ ਠਾਕੁਰ ਬਹੁਤੁ ਪਿਆਰੇ॥੬॥		Gur Kae Bachan Sath Sath Kar Maanae Maerae Thaakur Bahuth Piaarae ||6||	Those who accept the Word of the Guru as True, totally True, are very dear to my Lord and Master. ||6||	ਗੁਰੂ ਦੇ ਬਚਨਾਂ ਉਤੇ ਪੂਰੀ ਸਰਧਾ ਬਣਾ ਲਈ, ਉਹ ਮਨੁੱਖ ਪਰਮਾਤਮਾ ਨੂੰ ਬਹੁਤ ਪਿਆਰੇ ਲੱਗਦੇ ਹਨ ॥੬॥
42090	982	ਪੂਰਬਿ ਜਨਮਿ ਪਰਚੂਨ ਕਮਾਏ ਹਰਿ ਹਰਿ ਹਰਿ ਨਾਮਿ ਪਿਆਰੇ॥	ਇਸ ਜਨਮਿ ਚ । (ਪੂਰਬਿ) ਪਹਿਲਾਂ। (ਪਰਚੂਨ) ਸਤਿ ਸੰਤੋਖ ਖਿਮਾ ਗ੍ਰੀਬੀ ਨਿਸ਼ਕਾਮ ਕਰਮ ਸ਼ੁਭ ਗੁਣ	Poorab Janam Parachoon Kamaaeae Har Har Har Naam Piaarae ||	Because of actions committed in past lives, one comes to love the Name of the Lord, Har, Har, Har.	ਪੂਰਬਲੇ ਜਨਮ ਵਿਚ ਜਿਸ ਮਨੁੱਖ ਨੇ ਥੋੜੇ ਥੋੜੇ ਸ਼ੁਭ ਕਰਮ ਕਮਾਏ, (ਉਹਨਾਂ ਦੀ ਬਰਕਤਿ ਨਾਲ ਹੁਣ ਭੀ) ਪ੍ਰਭੂ ਦੇ ਨਾਮ ਵਿਚ ਪਿਆਰ ਬਣਾਇਆ,

42091	982	ਗੁਰ ਪ੍ਰਸਾਦਿ ਅੰਮ੍ਰਿਤ ਰਸੁ ਪਾਇਆ ਰਸੁ ਗਾਵੈ ਰਸੁ ਵੀਚਾਰੇ॥੭॥		Gur Prasaadh Anmrith Ras Paaeiaa Ras Gaavai Ras Veechaarae ||7||	By Guru's Grace, you shall obtain the ambrosial essence; sing of this essence, and reflect upon this essence. ||7||	ਗੁਰੂ ਦੀ ਕਿਰਪਾ ਨਾਲ ਉਸ ਨੇ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਲੱਭ ਲਿਆ। ਉਹ ਮਨੁੱਖ (ਸਦਾ) ਨਾਮ-ਰਸ ਨੂੰ ਸਲਾਹੁੰਦਾ ਹੈ, ਨਾਮ-ਰਸ ਨੂੰ ਹੀ ਹਿਰਦੇ ਵਿਚ ਵਸਾਂਦਾ ਹੈ ॥੭॥
42092	982	ਹਰਿ ਹਰਿ ਰੂਪ ਰੰਗ ਸਭਿ ਤੇਰੇ ਮੇਰੇ ਲਾਲਨ ਲਾਲ ਗੁਲਾਰੇ॥		Har Har Roop Rang Sabh Thaerae Maerae Laalan Laal Gulaarae ||	O Lord, Har, Har, all forms and colors are Yours; O my Beloved, my deep crimson ruby.	ਹੇ ਨਾਨਕ! ਹੇ ਹਰੀ! ਹੇ ਲਾਲ! ਹੇ ਸੋਹਣੇ ਲਾਲ! (ਸਭ ਜੀਅ ਜੰਤ) ਸਾਰੇ ਤੇਰੇ ਹੀ ਰੂਪ ਹਨ ਤੇਰੇ ਹੀ ਰੰਗ ਹਨ।
42093	982	ਜੈਸਾ ਰੰਗੁ ਦੇਹਿ ਸੋ ਹੋਵੈ ਕਿਆ ਨਾਨਕ ਜੰਤ ਵਿਚਾਰੇ॥੮॥੩॥		Jaisaa Rang Dhaehi So Hovai Kiaa Naanak Janth Vichaarae ||8||3||	Only that color which You impart, Lord, exists; O Nanak, what can the poor wretched being do? ||8||3||	ਜਿਹੋ ਜਿਹਾ ਰੰਗ ਤੂੰ (ਕਿਸੇ ਜੀਵ ਨੂੰ) ਦੇਂਦਾ ਹੈਂ (ਉਸ ਉਤੇ) ਉਹੋ ਜਿਹਾ ਰੰਗ ਹੀ ਚੜ੍ਹਦਾ ਹੈ। ਇਹਨਾਂ ਵਿਚਾਰੇ ਜੀਵਾਂ ਦੀ ਆਪਣੀ ਕੋਈ ਪਾਂਇਆਂ ਨਹੀਂ ਹੈ ॥੮॥੩॥
42094	982	ਨਟ ਮਹਲਾ ੪॥		Natt Mehalaa 4 ||	Nat, Fourth Mehl:	
42095	982	ਰਾਮ ਗੁਰ ਸਰਨਿ ਪ੍ਰਭੂ ਰਖਵਾਰੇ॥		Raam Gur Saran Prabhoo Rakhavaarae ||	In the Sanctuary of the Guru, the Lord God saves and protects us,	ਹੇ ਮੇਰੇ ਰਾਮ! ਹੇ ਮੇਰੇ ਪ੍ਰਭੂ! (ਜਿਸ ਉੱਤੇ ਭੀ ਮਿਹਰ ਕਰਦਾ ਹੈਂ ਉਸ ਨੂੰ) ਗੁਰੂ ਦੀ ਸਰਨੀ ਪਾ ਕੇ (ਵਿਕਾਰਾਂ ਵਲੋਂ ਉਸ ਦਾ) ਰਾਖਾ ਬਣਦਾ ਹੈਂ,

42096	982	ਜਿਉ ਕੁੰਚਰੁ ਤਦੂਐ ਪਕਰਿ ਚਲਾਇਓ ਕਰਿ ਊਪਰੁ ਕਢਿ ਨਿਸਤਾਰੇ॥੧॥ਰਹਾਉ ॥		Jio Kunchar Thadhooai Pakar Chalaaeiou Kar Oopar Kadt Nisathaarae ||1|| Rehaao ||	As He protected the elephant, when the crocodile seized it and pulled it into the water; He lifted him up and pulled him out. ||1||Pause||	ਜਿਵੇਂ ਜਦੋਂ ਤੰਦੂਏ ਨੇ ਗਜ ਨੂੰ ਫੜ ਕੇ ਖਿਚ ਲਿਆ ਸੀ, ਤਾਂ ਤੂੰ ਉਸ ਨੂੰ ਉੱਚਾ ਕਰ ਕੇ ਕੱਢ ਕੇ (ਤੰਦੂਏ ਦੀ ਫਾਹੀ ਤੋਂ) ਬਚਾ ਲਿਆ ਸੀ ॥੧॥ ਰਹਾਉ ॥
42097	982	ਪ੍ਰਭ ਕੇ ਸੇਵਕ ਬਹੁਤੁ ਅਤਿ ਨੀਕੇ ਮਨਿ ਸਰਧਾ ਕਰਿ ਹਰਿ ਧਾਰੇ॥		Prabh Kae Saevak Bahuth Ath Neekae Man Saradhhaa Kar Har Dhhaarae ||	God's servants are sublime and exalted; they enshrine faith for Him in their minds.	ਪ੍ਰਭੂ ਦੇ ਭਗਤ ਬਹੁਤ ਸੋਹਣੇ ਜੀਵਨ ਵਾਲੇ ਹੁੰਦੇ ਹਨ, ਪ੍ਰਭੂ (ਉਹਨਾਂ ਦੇ ਮਨ ਵਿਚ) ਸਰਧਾ ਪੈਦਾ ਕਰ ਕੇ ਉਹਨਾਂ ਨੂੰ (ਆਪਣੇ ਨਾਮ ਦਾ) ਸਹਾਰਾ ਦੇਂਦਾ ਹੈ।
42098	982	ਮੇਰੇ ਪ੍ਰਭਿ ਸਰਧਾ ਭਗਤਿ ਮਨਿ ਭਾਵੈ ਜਨ ਕੀ ਪੈਜ ਸਵਾਰੇ॥੧॥		Maerae Prabh Saradhhaa Bhagath Man Bhaavai Jan Kee Paij Savaarae ||1||	Faith and devotion are pleasing to my God's Mind; He saves the honor of His humble servants. ||1||	ਪ੍ਰਭੂ ਨੇ ਆਪ ਹੀ (ਆਪਣੇ ਸੇਵਕ ਦੇ ਅੰਦਰ) ਸਰਧਾ-ਭਗਤੀ ਪੈਦਾ ਕੀਤੀ ਹੁੰਦੀ ਹੈ, ਸੇਵਕ ਉਸ ਨੂੰ ਮਨ ਵਿਚ ਪਿਆਰਾ ਲੱਗਦਾ ਹੈ, ਪ੍ਰਭੂ ਆਪ ਹੀ ਸੇਵਕ ਦੀ ਇੱਜ਼ਤ ਬਚਾਂਦਾ ਹੈ ॥੧॥
42099	982	ਹਰਿ ਹਰਿ ਸੇਵਕੁ ਸੇਵਾ ਲਾਗੈ ਸਭੁ ਦੇਖੈ ਬ੍ਰਹਮ ਪਸਾਰੇ॥		Har Har Saevak Saevaa Laagai Sabh Dhaekhai Breham Pasaarae ||	The servant of the Lord, Har, Har, is committed to His service; He sees God pervading the entire expanse of the universe.	ਪ੍ਰਭੂ ਦਾ ਜਿਹੜਾ ਸੇਵਕ ਪ੍ਰਭੂ ਦੀ ਸੇਵਾ-ਭਗਤੀ ਵਿਚ ਲੱਗਦਾ ਹੈ, ਉਹ ਹਰ ਥਾਂ ਪ੍ਰਭੂ ਦਾ ਹੀ ਪਸਾਰਾ ਵੇਖਦਾ ਹੈ,

42100	982	ੲੇਕੁ ਪੁਰਖੁ ਇਕੁ ਨਦਰੀ ਆਵੈ ਸਭ ਏਕਾ ਨਦਰਿ ਨਿਹਾਰੇ॥੨॥		Eaek Purakh Eik Nadharee Aavai Sabh Eaekaa Nadhar Nihaarae ||2||	He sees the One and only Primal Lord God, who blesses all with His Glance of Grace. ||2||	ਉਸ ਨੂੰ ਉਹੀ ਸਰਬ-ਵਿਆਪਕ ਹਰ ਥਾਂ ਦਿੱਸਦਾ ਹੈ (ਉਸ ਨੂੰ ਦਿੱਸਦਾ ਹੈ ਕਿ) ਪ੍ਰਭੂ ਆਪ ਹੀ ਸਭ ਜੀਵਾਂ ਉਤੇ ਮਿਹਰ ਦੀ ਨਿਗਾਹ ਨਾਲ ਤੱਕ ਰਿਹਾ ਹੈ ॥੨॥
42101	982	ਹਰਿ ਪ੍ਰਭੁ ਠਾਕੁਰੁ ਰਵਿਆ ਸਭ ਠਾਈ ਸਭੁ ਚੇਰੀ ਜਗਤੁ ਸਮਾਰੇ॥	ਠਾਂਈਂ। ਜੱਗ–ਤੁ	Har Prabh Thaakur Raviaa Sabh Thaaee Sabh Chaeree Jagath Samaarae ||	God, our Lord and Master, is permeating and pervading all places; He takes care of the whole world as His slave.	ਮਾਲਕ ਹਰੀ ਪ੍ਰਭੂ ਸਭ ਥਾਵਾਂ ਵਿਚ ਭਰਪੂਰ ਹੈ, ਦਾਸੀ ਵਾਂਗ ਸਾਰੇ ਜਗਤ ਨੂੰ ਸੰਭਾਲਦਾ ਹੈ।
42102	982	ਆਪਿ ਦਇਆਲੁ ਦਇਆ ਦਾਨੁ ਦੇਵੈ ਵਿਚਿ ਪਾਥਰ ਕੀਰੇ ਕਾਰੇ॥੩॥		Aap Dhaeiaal Dhaeiaa Dhaan Dhaevai Vich Paathhar Keerae Kaarae ||3||	The Merciful Lord Himself mercifully gives His gifts, even to worms in stones. ||3||	ਦਇਆ ਦਾ ਸੋਮਾ ਪ੍ਰਭੂ ਆਪ ਹੀ ਸਭ ਜੀਵਾਂ ਉਤੇ ਦਇਆ ਕਰਦਾ ਹੈ, ਸਭਨਾਂ ਨੂੰ ਦਾਨ ਦੇਂਦਾ ਹੈ, ਪੱਥਰਾਂ ਵਿਚ ਭੀ ਉਹ ਆਪ ਹੀ ਕੀੜੇ ਪੈਦਾ ਕਰਦਾ ਹੈ (ਤੇ ਉਹਨਾਂ ਨੂੰ ਰਿਜ਼ਕ ਅਪੜਾਂਦਾ ਹੈ) ॥੩॥
42103	982	ਅੰਤਰਿ ਵਾਸੁ ਬਹੁਤੁ ਮੁਸਕਾਈ ਭ੍ਰਮਿ ਭੂਲਾ ਮਿਰਗੁ ਸਿੰਞਾਰੇ॥	ਸਿੰਞਾਰੇ: ੲ੍ ਪੈਰ ਹਲੰਤ ਬੋਲੋ	Anthar Vaas Bahuth Musakaaee Bhram Bhoolaa Mirag Sinn(g)haarae ||	Within the deer is the heavy fragrance of musk, but he is confused and deluded, and he shakes his horns looking for it.	(ਹਰਨ ਦੇ ਅੰਦਰ ਹੀ) ਕਸਤੂਰੀ ਦੀ ਬਹੁਤ ਸੁਗੰਧੀ ਮੌਜੂਦ ਹੁੰਦੀ ਹੈ, ਪਰ ਭੁਲੇਖੇ ਵਿਚ ਭੁੱਲ ਕੇ ਹਰਨ (ਉਸ ਸੁਗੰਧੀ ਦੀ ਖ਼ਾਤਰ ਝਾੜੀਆਂ ਵਿਚ) ਭਾਲ ਕਰਦਾ ਫਿਰਦਾ ਹੈ (ਇਹੀ ਹਾਲ ਜੀਵ-ਇਸਤ੍ਰੀ ਦਾ ਹੁੰਦਾ ਹੈ।

42104	982	ਬਨੁ ਬਨੁ ਢੂਢਿ ਢੂਢਿ ਫਿਰਿ ਥਾਕੀ ਗੁਰਿ ਪੂਰੈ ਘਰਿ ਨਿਸਤਾਰੇ॥੪॥		Ban Ban Dtoodt Dtoodt Fir Thhaakee Gur Poorai Ghar Nisathaarae ||4||	Wandering, rambling and roaming through the forests and woods, I exhausted myself, and then in my own home, the Perfect Guru saved me. ||4||	ਪ੍ਰਭੂ ਤਾਂ ਇਸ ਦੇ ਅੰਦਰ ਹੀ ਵੱਸਦਾ ਹੈ, ਪਰ ਇਹ ਵਿਚਾਰੀ) ਜੰਗਲ ਜੰਗਲ ਢੂੰਢ ਢੂੰਢ ਕੇ ਭਟਕ ਭਟਕ ਕੇ ਥੱਕ ਜਾਂਦੀ ਹੈ। (ਆਖ਼ਰ) ਪੂਰੇ ਗੁਰੂ ਨੇ ਇਸ ਨੂੰ ਘਰ ਵਿਚ (ਹੀ ਵੱਸਦਾ ਪ੍ਰਭੂ ਵਿਖਾਇਆ ਤੇ ਸੰਸਾਰ-ਸਮੁੰਦਰ ਤੋਂ) ਪਾਰ ਲੰਘਾਇਆ ॥੪॥
42105	982	ਬਾਣੀ ਗੁਰੂ ਗੁਰੂ ਹੈ ਬਾਣੀ ਵਿਚਿ ਬਾਣੀ ਅੰਮ੍ਰਿਤੁ ਸਾਰੇ॥		Baanee Guroo Guroo Hai Baanee Vich Baanee Anmrith Saarae ||	The Word, the Bani is Guru, and Guru is the Bani. Within the Bani, the Ambrosial Nectar is contained.	(ਗੁਰੂ ਦੀ) ਬਾਣੀ (ਸਿੱਖ ਦਾ) ਗੁਰੂ ਹੈ, ਗੁਰੂ ਬਾਣੀ ਵਿਚ ਮੌਜੂਦ ਹੈ। (ਗੁਰੂ ਦੀ) ਬਾਣੀ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਹੈ, ਜਿਸ ਨੂੰ ਸਿੱਖ ਹਰ ਵੇਲੇ ਆਪਣੇ ਹਿਰਦੇ ਵਿਚ) ਸਾਂਭ ਰੱਖਦਾ ਹੈ।
42106	982	ਗੁਰਬਾਣੀ ਕਹੈ ਸੇਵਕੁ ਜਨੁ ਮਾਨੈ ਪਰਤਖਿ ਗੁਰੂ ਨਿਸਤਾਰੇ॥੫॥		Gur Baanee Kehai Saevak Jan Maanai Parathakh Guroo Nisathaarae ||5||	If His humble servant believes, and acts according to the Words of the Guru's Bani, then the Guru, in person, emancipates him. ||5||	ਗੁਰੂ ਬਾਣੀ ਉਚਾਰਦਾ ਹੈ, (ਗੁਰੂ ਦਾ) ਸੇਵਕ ਉਸ ਬਾਣੀ ਉਤੇ ਸਰਧਾ ਧਾਰਦਾ ਹੈ। ਗੁਰੂ ਉਸ ਸਿੱਖ ਨੂੰ ਯਕੀਨੀ ਤੌਰ ਤੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ ॥੫॥

42107	982	ਸਭੁ ਹੈ ਬ੍ਰਹਮੁ ਬ੍ਰਹਮੁ ਹੈ ਪਸਰਿਆ ਮਨਿ ਬੀਜਿਆ ਖਾਵਾਰੇ॥		Sabh Hai Breham Breham Hai Pasariaa Man Beejiaa Khaavaarae ||	All is God, and God is the whole expanse; man eats what he has planted.	ਹਰ ਥਾਂ ਪਰਮਾਤਮਾ ਭਰਪੂਰ ਹੈ ਮੌਜੂਦ ਹੈ (ਪਰ ਜੀਵ ਨੂੰ ਇਹ ਸਮਝ ਨਹੀਂ ਆਉਂਦੀ, ਜੀਵ ਆਪਣੇ) ਮਨ ਵਿਚ ਬੀਜੇ ਕਰਮਾਂ ਦਾ ਫਲ ਖਾਂਦਾ ਹੈ (ਤੇ ਦੁੱਖੀ ਹੁੰਦਾ ਹੈ),
42108	982	ਜਿਉ ਜਨ ਚੰਦ੍ਰਹਾਂਸੁ ਦੁਖਿਆ ਧ੍ਰਿਸਟਬੁਧੀ ਅਪੁਨਾ ਘਰੁ ਲੂਕੀ ਜਾਰੇ॥੬॥	ਭਗਤ ਚੰਦ੍ਰਹਾਂਸ ਜੀ ਨੂੰ, ਰਾਜੇ ਧ੍ਰਿਸ਼ਟਬੁਧੀ ਨੇ ਬਿਖ ਦੇਣੀ ਚਾਹੀ, ਜਲਾਦਾਂ ਨੇ ਉਸ ਦੇ ਪੁੱਤ੍ਰ ਮਦਨ ਸਿੰਘ ਨੂੰ ਮਾਰ ਦਿੱਤਾ। ਇਸ ਨੇ ਅਪਣੇ ਘਰ ਨੂੰ ਚੁਆਤੀ ਲਾਈ। ਉਸ ਦੀ ਲੜਕੀ ਨਾਲ, ਚੰਦ੍ਰਹਾਂਸ ਦੀ ਸ਼ਾਦੀ ਹੋ ਗਈ, ਭਗਤ ਜੀ ਰਾਜ ਦੇ ਮਾਲਕ ਬਣੇ।ਵਾਹਿਗੁਰੂ ਜੀ ਅੱਗੇ ਪ੍ਰੇਮ ਬੇਨਤੀ ਕਰਕੇ ਮਦਨ ਸਿੰਘ ਜਿਉਂਦਾ ਕੀਤਾ	Jio Jan Chandhrehaans Dhukhiaa Dhhrisattabudhhee Apunaa Ghar Lookee Jaarae ||6||	When Dhrishtabudhi tormented the humble devotee Chandrahaans, he only set his own house on fire. ||6||	ਜਿਵੇਂ ਧ੍ਰਿਸਟਬੁਧੀ ਭਲੇ ਚੰਦ੍ਰਹਾਂਸ ਦਾ ਬੁਰਾ ਲੋਚਦਾ ਲੋਚਦਾ ਆਪਣੇ ਹੀ ਘਰ ਨੂੰ ਚੁਆਤੀ ਨਾਲ ਸਾੜ ਬੈਠਾ ॥੬॥
42109	982	ਪ੍ਰਭ ਕਉ ਜਨੁ ਅੰਤਰਿ ਰਿਦ ਲੋਚੈ ਪ੍ਰਭ ਜਨ ਕੇ ਸਾਸ ਨਿਹਾਰੇ॥		Prabh Ko Jan Anthar Ridh Lochai Prabh Jan Kae Saas Nihaarae ||	God's humble servant longs for Him within his heart; God watches over each breath of His humble servant.	ਪ੍ਰਭੂ ਦਾ ਭਗਤ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵੇਖਣ ਲਈ ਤਾਂਘਦਾ ਰਹਿੰਦਾ ਹੈ, ਪ੍ਰਭੂ (ਭੀ ਆਪਣੇ) ਸੇਵਕ-ਭਗਤ ਦੀ ਹਰ ਵੇਲੇ ਰੱਖਿਆ ਕਰਦਾ ਰਹਿੰਦਾ ਹੈ।

42110	982	ਕ੍ਰਿਪਾ ਕ੍ਰਿਪਾ ਕਰਿ ਭਗਤਿ ਦ੍ਰਿੜਾਏ ਜਨ ਪੀਛੈ ਜਗੁ ਨਿਸਤਾਰੇ॥੭॥		Kirapaa Kirapaa Kar Bhagath Dhrirraaeae Jan Peeshhai Jag Nisathaarae ||7||	Mercifully, mercifully, He implants devotion within his humble servant; for his sake, God saves the whole world. ||7||	ਹਰ ਵੇਲੇ ਮਿਹਰ ਕਰ ਕੇ ਪ੍ਰਭੂ ਆਪਣੇ ਭਗਤ ਦੇ ਹਿਰਦੇ ਵਿਚ ਆਪਣੀ ਭਗਤੀ ਦਾ ਭਾਵ ਪੱਕਾ ਕਰਦਾ ਰਹਿੰਦਾ ਹੈ, ਆਪਣੇ ਭਗਤ ਦੇ ਪੂਰਨਿਆਂ ਉਤੇ ਤੁਰਨ ਵਾਲੇ ਜਗਤ ਨੂੰ ਭੀ ਪਾਰ ਲੰਘਾਂਦਾ ਹੈ ॥੭॥
42111	982	ਆਪਨ ਆਪਿ ਆਪਿ ਪ੍ਰਭੁ ਠਾਕੁਰੁ ਪ੍ਰਭੁ ਆਪੇ ਸ੍ਰਿਸਟਿ ਸਵਾਰੇ॥		Aapan Aap Aap Prabh Thaakur Prabh Aapae Srisatt Savaarae ||	God, our Lord and Master, is Himself by Himself; God Himself embellishes the universe.	ਮਾਲਕ-ਪ੍ਰਭੂ ਆਪਣੇ ਆਪ ਨੂੰ ਆਪ ਹੀ ਜਗਤ-ਰੂਪ ਵਿਚ ਪਰਗਟ ਕਰਦਾ ਹੈ, ਆਪ ਹੀ ਆਪਣੀ ਰਚੀ ਸ੍ਰਿਸ਼ਟੀ ਨੂੰ ਸੋਹਣੀ ਬਣਾਂਦਾ ਹੈ।
42112	982	ਜਨ ਨਾਨਕ ਆਪੇ ਆਪਿ ਸਭੁ ਵਰਤੈ ਕਰਿ ਕ੍ਰਿਪਾ ਆਪਿ ਨਿਸਤਾਰੇ॥੮॥੪॥		Jan Naanak Aapae Aap Sabh Varathai Kar Kirapaa Aap Nisathaarae ||8||4||	O servant Nanak, He Himself is all-pervading; in His Mercy, He Himself emancipates all. ||8||4||	ਹੇ ਦਾਸ ਨਾਨਕ! ਪ੍ਰਭੂ ਆਪ ਹੀ ਹਰ ਥਾਂ ਮੌਜੂਦ ਹੈ, ਕਿਰਪਾ ਕਰ ਕੇ ਆਪ ਹੀ (ਜੀਵਾਂ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਕਰਦਾ ਹੈ ॥੮॥੪॥
42113	982	ਨਟ ਮਹਲਾ ੪॥		Natt Mehalaa 4 ||	Nat, Fourth Mehl:	
42114	982	ਰਾਮ ਕਰਿ ਕਿਰਪਾ ਲੇਹੁ ਉਬਾਰੇ॥		Raam Kar Kirapaa Laehu Oubaarae ||	Grant Your Grace, Lord, and save me,	ਹੇ ਮੇਰੇ ਰਾਮ! ਮਿਹਰ ਕਰ, (ਮੈਨੂੰ ਵਿਕਾਰਾਂ ਦੇ ਹੱਲਿਆਂ ਤੋਂ) ਬਚਾ ਲੈ (ਉਸੇ ਤਰ੍ਹਾਂ ਬਚਾ ਲੈ),

42115	982	ਜਿਉ ਪਕਰਿ ਦ੍ਰੋਪਤੀ ਦੁਸਟਾਂ ਆਨੀ ਹਰਿ ਹਰਿ ਲਾਜ ਨਿਵਾਰੇ॥੧॥ਰਹਾਉ॥		Jio Pakar Dhropathee Dhusattaan Aanee Har Har Laaj Nivaarae ||1|| Rehaao ||	As You saved Dropadi from shame when she was seized and brought before the court by the evil villians. ||1||Pause||	ਜਿਵੇਂ (ਜਦੋਂ) ਦੁਸ਼ਟਾਂ ਨੇ ਦ੍ਰੋਪਤੀ ਨੂੰ ਫੜ ਕੇ ਲਿਆਂਦਾ ਸੀ (ਤਦੋਂ) ਹੇ ਹਰੀ! ਤੂੰ ਉਸ ਨੂੰ ਨਗਨ ਹੋਣ ਦੀ ਸ਼ਰਮ ਤੋਂ ਬਚਾਇਆ ਸੀ ॥੧॥ ਰਹਾਉ ॥
42116	982	ਕਰਿ ਕਿਰਪਾ ਜਾਚਿਕ ਜਨ ਤੇਰੇ ਇਕੁ ਮਾਗਉ ਦਾਨੁ ਪਿਆਰੇ॥		Kar Kirapaa Jaachik Jan Thaerae Eik Maago Dhaan Piaarae ||	Bless me with Your Grace - I am just a humble beggar of Yours; I beg for a single blessing, O my Beloved.	ਹੇ ਪਿਆਰੇ ਹਰੀ! ਮਿਹਰ ਕਰ, ਅਸੀਂ (ਤੇਰੇ ਦਰ ਦੇ) ਮੰਗਤੇ ਹਾਂ, ਮੈਂ (ਤੇਰੇ ਦਰ ਤੋਂ) ਇਕ ਦਾਨ ਮੰਗਦਾ ਹਾਂ।
42117	982	ਸਤਿਗੁਰ ਕੀ ਨਿਤ ਸਰਧਾ ਲਾਗੀ ਮੋਕਉ ਹਰਿ ਗੁਰੁ ਮੇਲਿ ਸਵਾਰੇ॥੧॥		Sathigur Kee Nith Saradhhaa Laagee Mo Ko Har Gur Mael Savaarae ||1||	I long constantly for the True Guru. Lead me to meet the Guru, O Lord, that I may be exalted and embellished. ||1||	(ਮੇਰੇ ਮਨ ਵਿਚ) ਸਦਾ ਗੁਰੂ ਨੂੰ ਮਿਲਣ ਦੀ ਤਾਂਘ ਲੱਗੀ ਰਹਿੰਦੀ ਹੈ, ਹੇ ਹਰੀ! ਮੈਨੂੰ ਗੁਰੂ ਮਿਲਾ (ਤੇ ਮੇਰਾ ਜੀਵਨ) ਸਵਾਰ ॥੧॥

42118	982	ਸਾਕਤ ਕਰਮ ਪਾਣੀ ਜਿਉ ਮਥੀਐ ਨਿਤ ਪਾਣੀ ਝੋਲ ਝੁਲਾਰੇ॥		Saakath Karam Paanee Jio Mathheeai Nith Paanee Jhol Jhulaarae ||	The actions of the faithless cynic are like the churning of water; he churns, constantly churning only water.	ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਦੇ ਕੰਮ (ਇਉਂ ਵਿਅਰਥ) ਹਨ ਜਿਵੇਂ ਪਾਣੀ ਰਿੜਕੀਦਾ ਹੈ। ਸਾਕਤ ਮਨੁੱਖ (ਮਾਨੋ) ਸਦਾ ਪਾਣੀ ਹੀ ਰਿੜਕਦਾ ਰਹਿੰਦਾ ਹੈ।
42119	982	ਮਿਲਿ ਸਤਸੰਗਤਿ ਪਰਮਪਦੁ ਪਾਇਆ ਕਢਿ ਮਾਖਨ ਕੇ ਗਟਕਾਰੇ॥੨॥		Mil Sathasangath Param Padh Paaeiaa Kadt Maakhan Kae Gattakaarae ||2||	Joining the Sat Sangat, the True Congregation, the supreme status is obtained; the butter is produced, and eaten with delight. ||2||	ਪਰ ਜਿਸ ਮਨੁੱਖ ਨੇ ਸਾਧ ਸੰਗਤ ਵਿਚ ਮਿਲ ਕੇ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕੀਤਾ, ਉਹ (ਮਾਨੋ, ਦੁੱਧ ਵਿਚੋਂ) ਮੱਖਣ ਕੱਢ ਕੇ ਮੱਖਣ ਦੇ ਸੁਆਦ ਲਾਂਦਾ ਹੈ ॥੨॥
42120	982	ਨਿਤ ਨਿਤ ਕਾਇਆ ਮਜਨੁ ਕੀਆ ਨਿਤ ਮਲਿ ਮਲਿ ਦੇਹ ਸਵਾਰੇ॥	ਮੱਜਨੁ	Nith Nith Kaaeiaa Majan Keeaa Nith Mal Mal Dhaeh Savaarae ||	He may constantly and continually wash his body; he may constantly rub, clean and polish his body.	ਜਿਹੜਾ ਮਨੁੱਖ ਸਦਾ ਸਰੀਰ ਦਾ ਇਸ਼ਨਾਨ ਕਰਦਾ ਰਿਹਾ, ਜੋ ਮਨੁੱਖ ਸਦਾ ਸਰੀਰ ਨੂੰ ਹੀ ਮਲ ਮਲ ਕੇ ਸਾਫ਼-ਸੁਥਰਾ ਬਣਾਂਦਾ ਰਹਿੰਦਾ ਹੈ,
42121	983	ਮੇਰੇ ਸਤਿਗੁਰ ਕੇ ਮਨਿ ਬਚਨ ਨ ਭਾਏ ਸਭ ਫੋਕਟ ਚਾਰ ਸੀਗਾਰੇ॥੩॥		Maerae Sathigur Kae Man Bachan N Bhaaeae Sabh Fokatt Chaar Seegaarae ||3||	But if the Word of my True Guru is not pleasing to his mind, then all his preparations and beautiful decorations are useless. ||3||	ਪਰ ਉਸ ਨੂੰ ਆਪਣੇ ਮਨ ਵਿਚ ਗੁਰੂ ਦੇ ਬਚਨ ਪਿਆਰੇ ਨਹੀਂ ਲੱਗਦੇ, ਉਸ ਦੇ ਇਹ ਸਾਰੇ (ਸਰੀਰਕ) ਸੋਹਣੇ ਸ਼ਿੰਗਾਰ ਫੋਕੇ ਹੀ ਰਹਿ ਜਾਂਦੇ ਹਨ ॥੩॥

42122	983	ਮਟਕਿ ਮਟਕਿ ਚਲੁ ਸਖੀ ਸਹੇਲੀ ਮੇਰੇ ਠਾਕੁਰ ਕੇ ਗੁਨ ਸਾਰੇ॥		Mattak Mattak Chal Sakhee Sehaelee Maerae Thaakur Kae Gun Saarae ||	Walk playfully and carefree, O my friends and companions; cherish the Glorious Virtues of my Lord and Master.	ਹੇ ਸਖੀ! ਹੇ ਸਹੇਲੀ! ਮਾਲਕ-ਪ੍ਰਭੂ ਦੇ ਗੁਣ ਹਿਰਦੇ ਵਿਚ ਵਸਾਈ ਰੱਖ, (ਤੇ ਇਸ ਤਰ੍ਹਾਂ) ਆਤਮਕ ਅਡੋਲਤਾ ਨਾਲ ਜੀਵਨ-ਸਫ਼ਰ ਵਿਚ ਤੁਰ।
42123	983	ਗੁਰਮੁਖਿ ਸੇਵਾ ਮੇਰੇ ਪ੍ਰਭ ਭਾਈ ਮੈ ਸਤਿਗੁਰ ਅਲਖੁ ਲਖਾਰੇ॥੪॥	ਅ-ਲਖੁ	Guramukh Saevaa Maerae Prabh Bhaaee Mai Sathigur Alakh Lakhaarae ||4||	To serve, as Gurmukh, is pleasing to my God. Through the True Guru, the unknown is known. ||4||	ਹੇ ਸਹੇਲੀਏ! ਗੁਰੂ ਦੀ ਸਰਨ ਪੈ ਕੇ ਕੀਤੀ ਹੋਈ ਸੇਵਾ-ਭਗਤੀ ਪ੍ਰਭੂ ਨੂੰ ਪਿਆਰੀ ਲੱਗਦੀ ਹੈ। ਹੇ ਸਤਿਗੁਰ! ਮੈਨੂੰ (ਭੀ) ਅਲੱਖ ਪ੍ਰਭੂ ਦੀ ਸੂਝ ਬਖ਼ਸ਼ ॥੪॥
42124	983	ਨਾਰੀ ਪੁਰਖੁ ਪੁਰਖੁ ਸਭ ਨਾਰੀ ਸਭੁ ਏਕੋ ਪੁਰਖੁ ਮੁਰਾਰੇ॥		Naaree Purakh Purakh Sabh Naaree Sabh Eaeko Purakh Muraarae ||	Women and men, all the men and women, all came from the One Primal Lord God.	ਹੇ ਸਖੀ! (ਉਂਞ ਤਾਂ ਚਾਹੇ) ਇਸਤ੍ਰੀ ਹੈ (ਚਾਹੇ) ਮਰਦ ਹੈ, (ਚਾਹੇ) ਮਰਦ ਹੈ (ਚਾਹੇ) ਇਸਤ੍ਰੀ ਹੈ, ਸਭਨਾਂ ਵਿਚ ਹਰ ਥਾਂ ਇਕੋ ਸਰਬ-ਵਿਆਪਕ ਪਰਮਾਤਮਾ ਹੀ ਵੱਸ ਰਿਹਾ ਹੈ;
42125	983	ਸੰਤ ਜਨਾ ਕੀ ਰੇਨੁ ਮਨਿ ਭਾਈ ਮਿਲਿ ਹਰਿ ਜਨ ਹਰਿ ਨਿਸਤਾਰੇ॥੫॥		Santh Janaa Kee Raen Man Bhaaee Mil Har Jan Har Nisathaarae ||5||	My mind loves the dust of the feet of the humble; the Lord emancipates those who meet with the Lord's humble servants. ||5||	ਪਰ ਜਿਸ ਮਨੁੱਖ ਨੂੰ ਸੰਤ ਜਨਾਂ (ਦੇ ਚਰਨਾਂ) ਦੀ ਧੂੜ (ਆਪਣੇ) ਮਨ ਵਿਚ ਪਿਆਰੀ ਲੱਗਦੀ ਹੈ, ਉਸ ਨੂੰ ਹੀ ਪ੍ਰਭੂ ਸੰਸਾਰ-ਸਮੁੰਦਰ ਤੋਂ ਪਾਰ ਲੰਘਾਂਦਾ ਹੈ। ਹੇ ਸਖੀ! ਸੰਤ ਜਨਾਂ ਨੂੰ ਮਿਲਿਆਂ ਹੀ ਪ੍ਰਭੂ ਪਾਰ ਲੰਘਾਂਦਾ ਹੈ ॥੫॥

42126	983	ਗ੍ਰਾਮ ਗ੍ਰਾਮ ਨਗਰ ਸਭ ਫਿਰਿਆ ਰਿਦ ਅੰਤਰਿ ਹਰਿ ਜਨ ਭਾਰੇ॥	ਨੱਗਰ	Graam Graam Nagar Sabh Firiaa Ridh Anthar Har Jan Bhaarae ||	From village to village, throughout all the cities I wandered; and then, inspired by the Lord's humble servants, I found Him deep within the nucleus of my heart.	ਹੇ ਸਖੀ! ਪਿੰਡ ਪਿੰਡ ਸ਼ਹਿਰ ਸ਼ਹਿਰ ਸਭਨੀਂ ਥਾਈਂ ਫਿਰ ਕੇ ਵੇਖ ਲਿਆ ਹੈ (ਪਰਮਾਤਮਾ ਇਉਂ ਬਾਹਰ ਭਾਲਿਆਂ ਨਹੀਂ ਲੱਭਦਾ), ਸੰਤ ਜਨਾਂ ਨੇ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਲਭਿਆ ਹੈ।
42127	983	ਸਰਧਾ ਸਰਧਾ ਉਪਾਇ ਮਿਲਾਏ ਮੋਕਉ ਹਰਿ ਗੁਰ ਗੁਰਿ ਨਿਸਤਾਰੇ॥੬॥		Saradhhaa Saradhhaa Oupaae Milaaeae Mo Ko Har Gur Gur Nisathaarae ||6||	Faith and longing have welled up within me, and I have been blended with the Lord; the Guru, the Guru, has saved me. ||6||	ਹੇ ਹਰੀ! (ਮੇਰੇ ਅੰਦਰ ਭੀ) ਸਰਧਾ ਪੈਦਾ ਕਰ ਕੇ ਮੈਨੂੰ ਭੀ (ਗੁਰੂ ਦੀ ਰਾਹੀਂ) ਆਪਣੇ ਚਰਨਾਂ ਵਿਚ ਜੋੜ, ਮੈਨੂੰ ਭੀ ਗੁਰੂ ਦੀ ਰਾਹੀਂ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈ ॥੬॥
42128	983	ਪਵਨ ਸੂਤੁ ਸਭੁ ਨੀਕਾ ਕਰਿਆ ਸਤਿਗੁਰਿ ਸਬਦੁ ਵੀਚਾਰੇ॥		Pavan Sooth Sabh Neekaa Kariaa Sathigur Sabadh Veechaarae ||	The thread of my breath has been made totally sublime and pure; I contemplate the Shabad, the Word of the True Guru.	ਹੇ ਸਖੀ! ਜਿਸ ਮਨੁੱਖ ਨੇ ਗੁਰੂ (ਦੇ ਚਰਨਾਂ) ਵਿਚ (ਜੁੜ ਕੇ) ਗੁਰੂ ਦੇ ਸ਼ਬਦ ਨੂੰ ਆਪਣੀ ਸੁਰਤ ਵਿਚ ਟਿਕਾ ਕੇ (ਨਾਮ ਸਿਮਰਨ ਦੀ ਬਰਕਤਿ ਨਾਲ) ਆਪਣੇ ਸੁਆਸਾਂ ਦੀ ਲੜੀ ਨੂੰ ਸੋਹਣਾ ਬਣਾ ਲਿਆ।

42129	983	ਨਿਜ ਘਰਿ ਜਾਇ ਅੰਮ੍ਰਿਤ ਰਸੁ ਪੀਆ ਬਿਨੁ ਨੈਨਾ ਜਗਤੁ ਨਿਹਾਰੇ॥੭॥	ਜੱਗਤੁ	Nij Ghar Jaae Anmrith Ras Peeaa Bin Nainaa Jagath Nihaarae ||7||	I came back to the home of my own inner self; drinking in the ambrosial essence, I see the world, without my eyes. ||7||	ਉਸ ਨੇ ਮਾਇਆ ਦਾ ਮੋਹ ਦੂਰ ਕਰ ਕੇ ਜਗਤ (ਦੀ ਅਸਲੀਅਤ) ਨੂੰ ਵੇਖ ਕੇ, ਅੰਤਰ ਆਤਮੇ ਟਿਕ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਲਿਆ ॥੭॥
42130	983	ਤਉ ਗੁਨ ਈਸ ਬਰਨਿ ਨਹੀ ਸਾਕਉ ਤੁਮ ਮੰਦਰ ਹਮ ਨਿਕ ਕੀਰੇ॥		Tho Gun Ees Baran Nehee Saako Thum Mandhar Ham Nik Keerae ||	I cannot describe Your Glorious Virtues, Lord; You are the temple, and I am just a tiny worm.	ਹੇ ਪ੍ਰਭੂ! ਮੈਂ ਤੇਰੇ ਗੁਣ ਬਿਆਨ ਨਹੀਂ ਕਰ ਸਕਦਾ। ਤੂੰ ਇਕ ਸੋਹਣਾ ਮੰਦਰ ਹੈਂ ਅਸੀਂ ਜੀਵ ਉਸ ਵਿਚ ਰਹਿਣ ਵਾਲੇ ਨਿੱਕੇ ਨਿੱਕੇ ਕੀੜੇ ਹਾਂ।
42131	983	ਨਾਨਕ ਕ੍ਰਿਪਾ ਕਰਹੁ ਗੁਰ ਮੇਲਹੁ ਮੈ ਰਾਮੁ ਜਪਤ ਮਨ ਧੀਰੇ॥੮॥੫॥		Naanak Kirapaa Karahu Gur Maelahu Mai Raam Japath Man Dhheerae ||8||5||	Bless Nanak with Your Mercy, and unite him with the Guru; meditating on my Lord, my mind is comforted and consoled. ||8||5||	ਹੇ ਨਾਨਕ! ਜੇ ਮੇਰੇ ਤੇ ਮਿਹਰ ਹੋਵੇ ਤੇ ਮੈਨੂੰ ਗੁਰੂ ਨਾਲ ਮਿਲਾ ਜਾਵੇ ਤਾਂ ਮੇਰਾ ਮਨ ਨਾਮ ਜਪ ਜਪ ਕੇ (ਤੇਰੇ ਚਰਨਾਂ ਵਿਚ) ਸਦਾ ਟਿਕਿਆ ਰਹੇ ॥੮॥੫॥
42132	983	ਨਟ ਮਹਲਾ ੪॥		Natt Mehalaa 4 ||	Nat, Fourth Mehl:	
42133	983	ਮੇਰੇ ਮਨ ਭਜੁ ਠਾਕੁਰ ਅਗਮ ਅਪਾਰੇ॥	ਭਜੁ: ਪੋਲਾ ਬੋਲੋ	Maerae Man Bhaj Thaakur Agam Apaarae ||	O my mind, vibrate, meditate on the inaccessible and infinite Lord and Master.	ਹੇ ਮੇਰੇ ਮਨ! ਅਪਹੁੰਚ ਤੇ ਬੇਅੰਤ ਮਾਲਕ-ਪ੍ਰਭੂ ਦੇ ਗੁਣ ਯਾਦ ਕਰਿਆ ਕਰ,

42134	983	ਹਮ ਪਾਪੀ ਬਹੁ ਨਿਰਗੁਣੀਆਰੇ ਕਰਿ ਕਿਰਪਾ ਗੁਰਿ ਨਿਸਤਾਰੇ॥੧॥ਰਹਾਉ ॥		Ham Paapee Bahu Niraguneeaarae Kar Kirapaa Gur Nisathaarae ||1|| Rehaao ||	I am such a great sinner; I am so unworthy. And yet the Guru, in His Mercy, has saved me. ||1||Pause||	(ਤੇ ਆਖਿਆ ਕਰ-ਹੇ ਪ੍ਰਭੂ!) ਅਸੀਂ ਜੀਵ ਪਾਪੀ ਹਾਂ, ਗੁਣਾਂ ਤੋਂ ਬਹੁਤ ਸੱਖਣੇ ਹਾਂ। ਕਿਰਪਾ ਕਰ ਕੇ ਸਾਨੂੰ ਗੁਰੂ ਦੀ ਰਾਹੀਂ (ਗੁਰੂ ਦੀ ਸਰਨ ਪਾ ਕੇ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈ ॥੧॥ ਰਹਾਉ ॥
42135	983	ਸਾਧੂ ਪੁਰਖ ਸਾਧ ਜਨ ਪਾਏ ਇਕ ਬਿਨਉ ਕਰਉ ਗੁਰ ਪਿਆਰੇ॥		Saadhhoo Purakh Saadhh Jan Paaeae Eik Bino Karo Gur Piaarae ||	I have found the Holy Person, the Holy and humble servant of the Lord; I offer a prayer to Him, my Beloved Guru.	ਹੇ ਪਿਆਰੇ ਗੁਰੂ! ਜਿਹੜਾ ਮਨੁੱਖ ਸੰਤ ਜਨਾਂ ਦੀ ਸੰਗਤ ਪ੍ਰਾਪਤ ਕਰਦਾ ਹੈ ਉਹ ਭੀ ਗੁਰਮੁਖ ਬਣ ਜਾਂਦਾ ਹੈ, ਮੈਂ ਭੀ (ਤੇਰੇ ਦਰ ਤੇ) ਬੇਨਤੀ ਕਰਦਾ ਹਾਂ (ਮੈਨੂੰ ਭੀ ਸੰਤ ਜਨਾਂ ਦੀ ਸੰਗਤ ਬਖ਼ਸ਼, ਅਤੇ)
42136	983	ਰਾਮ ਨਾਮੁ ਧਨੁ ਪੂਜੀ ਦੇਵਹੁ ਸਭੁ ਤਿਸਨਾ ਭੂਖ ਨਿਵਾਰੇ॥੧॥	ਪੂੰਜੀ	Raam Naam Dhhan Poojee Dhaevahu Sabh Thisanaa Bhookh Nivaarae ||1||	Please, bless me with the wealth, the capital of the Lord's Name, and take away all my hunger and thirst. ||1||	ਮੈਨੂੰ ਪਰਮਾਤਮਾ ਦਾ ਨਾਮ-ਧਨ ਸਰਮਾਇਆ ਦੇਹ ਜੋ ਮੇਰੇ ਅੰਦਰੋਂ ਮਾਇਆ ਦੀ ਤ੍ਰਿਸ਼ਨਾ ਮਾਇਆ ਦੀ ਭੁੱਖ ਸਭ ਦੂਰ ਕਰ ਦੇਵੇ ॥੧॥
42137	983	ਪਚੈ ਪਤੰਗੁ ਮ੍ਰਿਗ ਭ੍ਰਿੰਗ ਕੁੰਚਰ ਮੀਨ ਇਕ ਇੰਦ੍ਰੀ ਪਕਰਿ ਸਘਾਰੇ॥	(ਪਚੈ) ਸੜਦੇ ਹਨ। (ਭ੍ਰਿੰਗ) ਭੌਰਾ। (ਸਘਾਰੇ) ਨਾਸ ਕਰ ਦਿੱਤੇ। ਪਚੈ: ਪੋਲਾ ਬੋਲੋ। ਸੰਘਾਰੇ	Pachai Pathang Mrig Bhring Kunchar Meen Eik Eindhree Pakar Saghaarae ||	The moth, the deer, the bumble bee, the elephant and the fish are ruined, each by the one passion that controls them.	ਪਤੰਗਾ (ਦੀਵੇ ਦੀ ਲਾਟ ਉੱਤੇ) ਸੜ ਜਾਂਦਾ ਹੈ; ਹਰਨ, ਭੌਰਾ, ਹਾਥੀ, ਮੱਛੀ ਇਹਨਾਂ ਨੂੰ ਭੀ ਇਕ ਇਕ ਵਿਕਾਰ-ਵਾਸਨਾ ਆਪਣੇ ਵੱਸ ਵਿਚ ਕਰ ਕੇ ਮਾਰ ਦੇਂਦੇ ਹਨ।

42138	983	ਪੰਚ ਭੂਤ ਸਬਲ ਹੈ ਦੇਹੀ ਗੁਰੁ ਸਤਿਗੁਰੁ ਪਾਪ ਨਿਵਾਰੇ॥੨॥		Panch Bhooth Sabal Hai Dhaehee Gur Sathigur Paap Nivaarae ||2||	The five powerful demons are in the body; the Guru, the True Guru turns out these sins. ||2||	ਪਰ ਮਨੁੱਖਾ ਸਰੀਰ ਵਿਚ ਤਾਂ ਇਹ ਕਾਮਾਦਿਕ ਪੰਜੇ ਹੀ ਦੈਂਤ ਬਲਵਾਨ ਹਨ, (ਮਨੁੱਖ ਇਹਨਾਂ ਦਾ ਟਾਕਰਾ ਕਿਵੇਂ ਕਰੇ?)। ਗੁਰੂ ਹੀ ਸਤਿਗੁਰੂ ਹੀ ਇਹਨਾਂ ਵਿਕਾਰਾਂ ਨੂੰ ਦੂਰ ਕਰਦਾ ਹੈ ॥੨॥
42139	983	ਸਾਸਤ੍ਰ ਬੇਦ ਸੋਧਿ ਸੋਧਿ ਦੇਖੇ ਮੁਨਿ ਨਾਰਦ ਬਚਨ ਪੁਕਾਰੇ॥		Saasathr Baedh Sodhh Sodhh Dhaekhae Mun Naaradh Bachan Pukaarae ||	I searched and searched through the Shaastras and the Vedas; Naarad the silent sage proclaimed these words as well.	ਵੇਦ ਸ਼ਾਸਤਰ ਕਈ ਵਾਰੀ ਸੋਧ ਕੇ ਵੇਖ ਲਏ ਹਨ, ਨਾਰਦ ਆਦਿਕ ਰਿਸ਼ੀ ਮੁਨੀ ਭੀ (ਜੀਵਨ ਜੁਗਤਿ ਬਾਰੇ) ਜੋ ਬਚਨ ਜ਼ੋਰ ਦੇ ਕੇ ਕਹਿ ਗਏ ਹਨ,
42140	983	ਰਾਮ ਨਾਮੁ ਪੜਹੁ ਗਤਿ ਪਾਵਹੁ ਸਤਸੰਗਤਿ ਗੁਰਿ ਨਿਸਤਾਰੇ॥੩॥	ਪੜ੍ਹੁ	Raam Naam Parrahu Gath Paavahu Sathasangath Gur Nisathaarae ||3||	Chanting the Lord's Name, salvation is attained; the Guru saves those in the Sat Sangat, the True Congregation. ||3||	(ਉਹ ਭੀ ਸੋਧ ਵੇਖੇ ਹਨ; ਪਰ ਅਸਲ ਗੱਲ ਇਹ ਹੈ ਕਿ ਹੇ ਭਾਈ!) ਪਰਮਾਤਮਾ ਦਾ ਨਾਮ ਸਿਮਰਨਾ ਸਿੱਖੋਗੇ ਤਦੋਂ ਹੀ ਉੱਚੀ ਆਤਮਕ ਅਵਸਥਾ ਪ੍ਰਾਪਤ ਕਰੋਗੇ, ਗੁਰੂ ਨੇ ਸਾਧ ਸੰਗਤ ਵਿਚ ਹੀ (ਅਨੇਕਾਂ ਜੀਵ ਸੰਸਾਰ-ਸਮੁੰਦਰ ਤੋਂ) ਪਾਰ ਲੰਘਾਏ ਹਨ ॥੩॥

42141	983	ਪ੍ਰੀਤਮ ਪ੍ਰੀਤਿ ਲਗੀ ਪ੍ਰਭ ਕੇਰੀ ਜਿਵ ਸੂਰਜੁ ਕਮਲੁ ਨਿਹਾਰੇ॥		Preetham Preeth Lagee Prabh Kaeree Jiv Sooraj Kamal Nihaarae ||	In love with the Beloved Lord God, one looks at Him as the lotus looks at the sun.	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰੀਤਮ ਪ੍ਰਭੂ ਦਾ ਪਿਆਰ ਬਣਿਆ ਹੈ (ਉਹ ਉਸ ਦੇ ਮਿਲਾਪ ਲਈ ਇਉਂ ਤਾਂਘਦਾ ਰਹਿੰਦਾ ਹੈ) ਜਿਵੇਂ ਕੌਲ ਫੁੱਲ ਸੂਰਜ ਨੂੰ ਤੱਕਦਾ ਹੈ (ਤੇ ਖਿੜਦਾ ਹੈ, ਜਿਵੇਂ)
42142	983	ਮੇਰ ਸੁਮੇਰ ਮੋਰੁ ਬਹੁ ਨਾਚੈ ਜਬ ਉਨਵੈ ਘਨ ਘਨਹਾਰੇ॥੪॥	ਪ੍ਰੇਮ ਰੂਪੀ ਸੁਮੇਰ ਪਰਬਤ। (ਮੇਰ)ਉੱਪਰ। ਗੁਰਸੇਵਕ ਰੂਪੀ ਮੋਰੁ ਨਿਰਨਾ ਕਰਨ ਰੂਪ ਨੱਚਦੇ ਹਨ ਜਦੋਂ ਸਤਿਗੁਰੂ ਰੂਪ (ਘਨਹਾਰੇ) ਬੱਦਲ (ਘਨ)ਬਹੁਤੇ। (ਉਨਵੈ) ਕ੍ਰਿਪਾਲੂ ਹੋ ਕੇ, ਸੱਚੇ ਨਾਮ ਦੀ ਵਰਖਾ ਕਰਦੇ ਹਨ	Maer Sumaer Mor Bahu Naachai Jab Ounavai Ghan Ghanehaarae ||4||	The peacock dances on the mountain, when the clouds hang low and heavy. ||4||	ਜਦੋਂ ਬੱਦਲ (ਵਰ੍ਹਨ ਲਈ) ਬਹੁਤ ਝੁਕਦਾ ਹੈ ਤਦੋਂ ਉੱਚੇ ਪਹਾੜਾਂ (ਵਲੋਂ ਘਟਾਂ ਆਉਂਦੀਆਂ ਵੇਖ ਕੇ) ਮੋਰ ਬਹੁਤ ਨੱਚਦਾ ਹੈ ॥੪॥
42143	983	ਸਾਕਤ ਕਉ ਅੰਮ੍ਰਿਤ ਬਹੁ ਸਿੰਚਹੁ ਸਭ ਡਾਲ ਫੂਲ ਬਿਸੁ ਕਾਰੇ॥	(ਡਾਲ) ਇੰਦ੍ਰੇ। (ਫੁਲ) ਕਰਮ।(ਬਿਸੁ) ਵਿਸ਼ਿਆਂ ਦੀ (ਬਿਸੁ) ਵਿਹੁ (ਕਾਰੇ) ਕਰਕੇ	Saakath Ko Anmrith Bahu Sinchahu Sabh Ddaal Fool Bisukaarae ||	The faithless cyinc may be totally drenched with ambrosial nectar, but even so, all his branches and flowers are filled with venom.	ਪਰਮਾਤਮਾ ਨਾਲੋਂ ਟੁੱਟਾ ਹੋਇਆ ਮਨੁੱਖ (ਮਾਨੋ, ਇਕ ਵਿਹੁਲਾ ਰੁੱਖ ਹੈ) ਉਸ ਨੂੰ ਭਾਵੇਂ ਕਿਤਨਾ ਹੀ ਅੰਮ੍ਰਿਤ ਸਿੰਜੀ ਜਾਓ, ਉਸ ਦੀਆਂ ਟਾਹਣੀਆਂ ਉਸ ਦੇ ਫੁੱਲ ਸਭ ਵਿਹੁਲੇ ਹੀ ਰਹਿਣਗੇ।

42144	983	ਜਿਉ ਜਿਉ ਨਿਵਹਿ ਸਾਕਤ ਨਰ ਸੇਤੀ ਛੇੜਿ ਛੇੜਿ ਕਢੈ ਬਿਖੁ ਖਾਰੇ॥੫॥		Jio Jio Nivehi Saakath Nar Saethee Shhaerr Shhaerr Kadtai Bikh Khaarae ||5||	The more one bows down in humility before the faithless cyinc, the more he provokes, and stabs, and spits out his poison. ||5||	ਸਾਕਤ ਮਨੁੱਖ ਨਾਲ ਜਿਉਂ ਜਿਉਂ ਲੋਕ ਨਿਮ੍ਰਤਾ ਦੀ ਵਰਤੋਂ ਕਰਦੇ ਹਨ, ਤਿਉਂ ਤਿਉਂ ਉਹ ਛੇੜ-ਖਾਨੀਆਂ ਕਰ ਕੇ (ਆਪਣੇ ਅੰਦਰੋਂ) ਕੌੜਾ ਜ਼ਹਰ ਹੀ ਕੱਢਦਾ ਹੈ ॥੫॥
42145	983	ਸੰਤਨ ਸੰਤ ਸਾਧ ਮਿਲਿ ਰਹੀਐ ਗੁਣ ਬੋਲਹਿ ਪਰਉਪਕਾਰੇ॥		Santhan Santh Saadhh Mil Reheeai Gun Bolehi Paroupakaarae ||	Remain with the Holy man, the Saint of the Saints, who chants the Lord's Praises for the benefit of all.	(ਇਸ ਵਾਸਤੇ, ਸਾਕਤ ਨਾਲ ਸਾਂਝ ਪਾਣ ਦੇ ਥਾਂ) ਸੰਤ ਜਨਾਂ ਨਾਲ ਗੁਰਮੁਖਾਂ ਨਾਲ ਮਿਲ ਕੇ ਰਹਿਣਾ ਚਾਹੀਦਾ ਹੈ। ਸੰਤ ਜਨ ਦੂਜਿਆਂ ਦੀ ਭਲਾਈ ਵਾਲੇ ਭਲੇ ਬਚਨ ਹੀ ਬੋਲਦੇ ਹਨ।
42146	983	ਸੰਤੈ ਸੰਤੁ ਮਿਲੈ ਮਨੁ ਬਿਗਸੈ ਜਿਉ ਜਲ ਮਿਲਿ ਕਮਲ ਸਵਾਰੇ॥੬॥		Santhai Santh Milai Man Bigasai Jio Jal Mil Kamal Savaarae ||6||	Meeting the Saint of Saints, the mind blossoms forth, like the lotus, exalted by obtaining the water. ||6||	ਜਿਵੇਂ ਪਾਣੀ ਨੂੰ ਮਿਲ ਕੇ ਕੌਲ ਫੁੱਲ ਖਿੜਦੇ ਹਨ, ਤਿਵੇਂ ਜਦੋਂ ਕੋਈ ਸੰਤ ਕਿਸੇ ਸੰਤ ਨੂੰ ਮਿਲਦਾ ਹੈ ਤਾਂ ਉਸ ਦਾ ਮਨ ਖਿੜ ਪੈਂਦਾ ਹੈ ॥੬॥
42147	983	ਲੋਭ ਲਹਰਿ ਸਭੁ ਸੁਆਨੁ ਹਲਕੁ ਹੈ ਹਲਕਿਓ ਸਭਹਿ ਬਿਗਾਰੇ॥		Lobh Lehar Sabh Suaan Halak Hai Halakiou Sabhehi Bigaarae ||	The waves of greed are like mad dogs with rabies. Their madness ruins everything.	ਲੋਭ ਦੀ ਲਹਿਰ ਨਿਰੋਲ ਹਲਕਾਇਆ ਕੁੱਤਾ ਹੀ ਹੈ (ਜਿਵੇਂ) ਹਲਕਾਇਆ ਕੁੱਤਾ ਸਭਨਾਂ ਨੂੰ (ਵੱਢ ਵੱਢ ਕੇ) ਵਿਗਾੜਦਾ ਜਾਂਦਾ ਹੈ (ਤਿਵੇਂ ਲੋਭੀ ਮਨੁੱਖ ਹੋਰਨਾਂ ਨੂੰ ਭੀ ਆਪਣੀ ਸੰਗਤ ਵਿਚ ਲੋਭੀ ਬਣਾਈ ਜਾਂਦਾ ਹੈ)।

42148	983	ਮੇਰੇ ਠਾਕੁਰ ਕੈ ਦੀਬਾਨਿ ਖਬਰਿ ਹੋਈ ਗੁਰਿ ਗਿਆਨੁ ਖੜਗੁ ਲੈ ਮਾਰੇ॥੭॥		Maerae Thaakur Kai Dheebaan Khabar Huoee Gur Giaan Kharrag Lai Maarae ||7||	When the news reached the Court of my Lord and Master, the Guru took up the sword of spiritual wisdom, and killed them. ||7||	(ਇਸ ਲੋਭ ਤੋਂ ਬਚਣ ਲਈ ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਪ੍ਰਭੂ-ਦਰ ਤੇ ਪੁਕਾਰ ਕਰਦਾ ਹੈ, ਤਦੋਂ) ਪਰਮਾਤਮਾ ਦੀ ਹਜ਼ੂਰੀ ਵਿਚ ਉਸ ਦੀ ਅਰਜ਼ੋਈ ਦੀ ਖ਼ਬਰ ਪਹੁੰਚਦੀ ਹੈ, ਪਰਮਾਤਮਾ ਗੁਰੂ ਦੀ ਰਾਹੀਂ ਆਤਮਕ ਜੀਵਨ ਦੀ ਸੂਝ ਦੀ ਤਲਵਾਰ ਲੈ ਕੇ ਉਸ ਦੇ ਅੰਦਰੋਂ ਲੋਭ ਦਾ ਹਲਕਾਇਆ ਕੁੱਤਾ ਮਾਰ ਦੇਂਦਾ ਹੈ ॥੭॥
42149	983	ਰਾਖੁ ਰਾਖੁ ਰਾਖੁ ਪ੍ਰਭ ਮੇਰੇ ਮੈ ਰਾਖਹੁ ਕਿਰਪਾ ਧਾਰੇ॥		Raakh Raakh Raakh Prabh Maerae Mai Raakhahu Kirapaa Dhhaarae ||	Save me, save me, save me, O my God; shower me with Your Mercy, and save me!	ਹੇ ਮੇਰੇ ਪ੍ਰਭੂ! (ਇਸ ਲੋਭ-ਕੁੱਤੇ ਤੋਂ) ਮੈਨੂੰ ਭੀ ਬਚਾ ਲੈ, ਬਚਾ ਲੈ, ਬਚਾ ਲੈ, ਕਿਰਪਾ ਕਰ ਕੇ ਮੈਨੂੰ ਭੀ ਬਚਾ ਲੈ।
42150	983	ਨਾਨਕ ਮੈ ਧਰ ਅਵਰ ਨ ਕਾਈ ਮੈ ਸਤਿਗੁਰੁ ਗੁਰੁ ਨਿਸਤਾਰੇ॥੮॥੬॥ ਛਕਾ ੧॥	ਛੇ ਸਬਦ ਇੱਕ ਛੱਕਾ। ਛੱਕਾ ਇੱਕ ਬੋਲੋ	Naanak Mai Dhhar Avar N Kaaee Mai Sathigur Gur Nisathaarae ||8||6||	O Nanak, I have no other support; the Guru, the True Guru, has saved me. ||8||6||	ਹੇ ਨਾਨਕ! (ਆਖ) ਮੇਰਾ ਹੋਰ ਕੋਈ ਆਸਰਾ ਨਹੀਂ। ਗੁਰੂ ਹੀ ਮੇਰਾ ਆਸਰਾ ਹੈ, ਗੁਰੂ ਹੀ ਪਾਰ ਲੰਘਾਂਦਾ ਹੈ (ਮੈਨੂੰ ਗੁਰੂ ਦੀ ਸਰਨ ਰੱਖ)।੮।੬।ਛਕਾ ॥੮॥੬॥ਛਕਾ ੧ ॥

42151	984	ਰਾਗੁ ਮਾਲੀਗਉੜਾ ਮਹਲਾ ੪		Raag Maalee Gourraa Mehalaa 4	Raag Maalee Gauraa, Fourth Mehl:	ਰਾਗ ਮਾਲੀ-ਗਉੜਾ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
42152	984	੧ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
42153	984	ਅਨਿਕ ਜਤਨ ਕਰਿ ਰਹੇ ਹਰਿ ਅੰਤੁ ਨਾਹੀ ਪਾਇਆ॥		Anik Jathan Kar Rehae Har Anth Naahee Paaeiaa ||	Countless have tried, but none have found the Lord's limit.	ਹੇ ਪ੍ਰਭੂ ਪਾਤਿਸ਼ਾਹ! (ਤੇਰੇ ਗੁਣਾਂ ਦਾ ਅੰਤ ਲੱਭਣ ਵਾਸਤੇ ਬੇਅੰਤ ਜੀਵ) ਅਨੇਕਾਂ ਜਤਨ ਕਰ ਕਰ ਕੇ ਥੱਕ ਗਏ ਹਨ, ਕਿਸੇ ਨੇ ਤੇਰਾ ਅੰਤ ਨਹੀਂ ਲੱਭਾ।

42154	984	ਹਰਿ ਅਗਮ ਅਗਮ ਅਗਾਧਿ ਬੋਧਿ ਆਦੇਸੁ ਹਰਿ ਪ੍ਰਭ ਰਾਇਆ॥੧॥ਰਹਾਉ ॥		Har Agam Agam Agaadhh Bodhh Aadhaes Har Prabh Raaeiaa ||1|| Rehaao ||	The Lord is inaccessible, unapproachable and unfathomable; I humbly bow to the Lord God, my King. ||1||Pause||	ਹੇ ਹਰੀ! ਤੂੰ ਅਪਹੁੰਚ ਹੈਂ, ਤੂੰ ਅਪਹੁੰਚ ਹੈਂ, ਤੂੰ ਅਥਾਹ ਹੈਂ, ਤੈਨੂੰ ਕੋਈ ਨਹੀਂ ਸਮਝ ਸਕਦਾ, ਮੇਰੀ ਤੈਨੂੰ ਹੀ ਨਮਸਕਾਰ ਹੈ ॥੧॥ ਰਹਾਉ ॥
42155	984	ਕਾਮੁ ਕ੍ਰੋਧੁ ਲੋਭ ਮੋਹੁ ਨਿਤ ਝਗਰਤੇ ਝਗਰਾਇਆ॥		Kaam Krodhh Lobh Mohu Nith Jhagarathae Jhagaraaeiaa ||	Sexual desire, anger, greed and emotional attachment bring continual conflict and strife.	ਹੇ ਪ੍ਰਭੂ! ਕਾਮ ਕ੍ਰੋਧ ਲੋਭ ਮੋਹ (ਆਦਿਕ ਵਿਕਾਰ ਇਤਨੇ ਬਲੀ ਹਨ ਕਿ ਜੀਵ ਇਹਨਾਂ ਦੇ) ਉਕਸਾਏ ਹੋਏ ਸਦਾ ਦੁਨੀਆ ਦੇ ਝਗੜਿਆਂ ਵਿਚ ਹੀ ਪਏ ਰਹਿੰਦੇ ਹਨ।
42156	984	ਹਮ ਰਾਖੁ ਰਾਖੁ ਦੀਨ ਤੇਰੇ ਹਰਿ ਸਰਨਿ ਹਰਿ ਪ੍ਰਭ ਆਇਆ॥੧॥		Ham Raakh Raakh Dheen Thaerae Har Saran Har Prabh Aaeiaa ||1||	Save me, save me, I am your humble creature, O Lord; I have come to Your Sanctuary, O my Lord God. ||1||	ਹੇ ਪ੍ਰਭੂ! ਅਸੀਂ ਜੀਵ ਤੇਰੇ ਦਰ ਦੇ ਮੰਗਤੇ ਹਾਂ, ਸਾਨੂੰ ਇਹਨਾਂ ਤੋਂ ਬਚਾ ਲੈ, ਬਚਾ ਲੈ, ਅਸੀਂ ਤੇਰੀ ਸਰਨ ਆਏ ਹਾਂ ॥੧॥
42157	984	ਸਰਣਾਗਤੀ ਪ੍ਰਭਿ ਪਾਲਤੇ ਹਰਿ ਭਗਤਿ ਵਛਲੁ ਨਾਇਆ॥	ਸਰਣਾ-ਗਤੀ	Saranaagathee Prabh Paalathae Har Bhagath Vashhal Naaeiaa ||	You protect and preserve those who take to Your Sanctuary, God; You are called the Lover of Your devotees.	ਹੇ ਪ੍ਰਭੂ! ਤੂੰ ਸਰਨ ਪਿਆਂ ਦੀ ਰੱਖਿਆ ਕਰਨ ਵਾਲਾ ਹੈਂ, ਹੇ ਹਰੀ! 'ਭਗਤੀ ਨਾਲ ਪਿਆਰ ਕਰਨ ਵਾਲਾ'-ਇਹ ਤੇਰਾ (ਪ੍ਰਸਿੱਧ) ਨਾਮ ਹੈ।

42158	984	ਪ੍ਰਹਿਲਾਦੁ ਜਨੁ ਹਰਨਾਖਿ ਪਕਰਿਆ ਹਰਿ ਰਾਖਿ ਲੀਓ ਤਰਾਇਆ॥੨॥		Prehilaadh Jan Haranaakh Pakariaa Har Raakh Leeou Tharaaeiaa ||2||	Prahlaad, Your humble servant, was caught by Harnaakhash; but You saved Him and carried him across, Lord. ||2||	ਤੇਰੇ ਸੇਵਕ ਪ੍ਰਹਿਲਾਦ ਨੂੰ ਹਰਨਾਖਸ਼ ਨੇ ਫੜ ਲਿਆ, ਹੇ ਹਰੀ! ਤੂੰ ਉਸ ਦੀ ਰੱਖਿਆ ਕੀਤੀ, ਤੂੰ ਉਸ ਨੂੰ ਸੰਕਟ ਤੋਂ ਬਚਾਇਆ ॥੨॥
42159	984	ਹਰਿ ਚੇਤਿ ਰੇ ਮਨ ਮਹਲੁ ਪਾਵਣ ਸਭ ਦੂਖ ਭੰਜਨੁ ਰਾਇਆ॥		Har Chaeth Rae Man Mehal Paavan Sabh Dhookh Bhanjan Raaeiaa ||	Remember the Lord, O mind, and rise up to the Mansion of His Presence; the Sovereign Lord is the Destroyer of pain.	ਹੇ ਮਨ! ਉਸ ਪ੍ਰਭੂ ਦੇ ਚਰਨਾਂ ਵਿਚ ਟਿਕਾਣਾ ਪ੍ਰਾਪਤ ਕਰਨ ਲਈ ਸਦਾ ਉਸ ਨੂੰ ਯਾਦ ਕਰਿਆ ਕਰ, ਉਹ ਪਾਤਿਸ਼ਾਹ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ।
42160	984	ਭਉ ਜਨਮ ਮਰਨ ਨਿਵਾਰਿ ਠਾਕੁਰ ਹਰਿ ਗੁਰਮਤੀ ਪ੍ਰਭੁ ਪਾਇਆ॥੩॥		Bho Janam Maran Nivaar Thaakur Har Guramathee Prabh Paaeiaa ||3||	Our Lord and Master takes away the fear of birth and death; following the Guru's Teachings,the Lord God is found. ||3||	ਹੇ ਠਾਕੁਰ! ਹੇ ਹਰੀ! (ਅਸਾਂ ਜੀਵਾਂ ਦਾ) ਜਨਮ ਮਰਨ ਦੇ ਗੇੜ ਦਾ ਡਰ ਦੂਰ ਕਰ। ਗੁਰੂ ਦੀ ਮੱਤ ਤੇ ਤੁਰਿਆਂ ਉਹ ਪ੍ਰਭੂ ਮਿਲਦਾ ਹੈ ॥੩॥
42161	984	ਹਰਿ ਪਤਿਤ ਪਾਵਨ ਨਾਮੁ ਸੁਆਮੀ ਭਉ ਭਗਤ ਭੰਜਨੁ ਗਾਇਆ॥		Har Pathith Paavan Naam Suaamee Bho Bhagath Bhanjan Gaaeiaa ||	The Name of the Lord, our Lord and Master, is the Purifier of sinners; I sing of the Lord, the Destroyer of the fears of His devotees.	ਹੇ ਸੁਆਮੀ! ਤੇਰਾ ਨਾਮ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ ਹੈ, ਤੂੰ (ਆਪਣੇ ਭਗਤਾਂ ਦਾ) ਹਰੇਕ ਡਰ ਦੂਰ ਕਰਨ ਵਾਲਾ ਹੈਂ।

42162	984	ਹਰਿ ਹਾਰੁ ਹਰਿ ਉਰਿ ਧਾਰਿਓ ਜਨ ਨਾਨਕ ਨਾਮਿ ਸਮਾਇਆ॥੪॥੧॥		Har Haar Har Our Dhhaariou Jan Naanak Naam Samaaeiaa ||4||1||	One who wears the necklace of the Name of the Lord, Har, Har, in his heart, O servant Nanak, merges in the Naam. ||4||1||	ਹੇ ਦਾਸ ਨਾਨਕ! ਜਿਨ੍ਹਾਂ ਭਗਤਾਂ ਨੇ ਉਸ ਦੀ ਸਿਫ਼ਤ-ਸਾਲਾਹ ਕੀਤੀ ਹੈ, ਜਿਨ੍ਹਾਂ ਨੇ ਉਸ ਦੇ ਨਾਮ ਦਾ ਹਾਰ ਆਪਣੇ ਹਿਰਦੇ ਵਿਚ ਸਾਂਭਿਆ ਹੈ, ਉਹ ਉਸ ਦੇ ਨਾਮ ਵਿਚ ਹੀ ਸਦਾ ਲੀਨ ਰਹਿੰਦੇ ਹਨ ॥੪॥੧॥
42163	984	ਮਾਲੀਗਉੜਾ ਮਹਲਾ ੪॥		Maalee Gourraa Mehalaa 4 ||	Maalee Gauraa, Fourth Mehl:	
42164	984	ਜਪਿ ਮਨ ਰਾਮ ਨਾਮੁ ਸੁਖਦਾਤਾ॥		Jap Man Raam Naam Sukhadhaathaa ||	O my mind, chant the Name of the Lord, the Giver of peace.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਜਪਿਆ ਕਰ, ਪਰਮਾਤਮਾ ਸਾਰੇ ਸੁਖ ਦੇਣ ਵਾਲਾ ਹੈ।
42165	984	ਸਤਸੰਗਤਿ ਮਿਲਿ ਹਰਿ ਸਾਦੁ ਆਇਆ ਗੁਰਮੁਖਿ ਬ੍ਰਹਮੁ ਪਛਾਤਾ॥੧॥ਰਹਾਉ॥		Sathasangath Mil Har Saadh Aaeiaa Guramukh Breham Pashhaathaa ||1|| Rehaao ||	One who joins the Sat Sangat, the True Congregation, and enjoys the sublime taste of the Lord, as Gurmukh, comes to realize God. ||1||Pause||	ਸਾਧ ਸੰਗਤ ਵਿਚ ਮਿਲ ਕੇ ਜਿਸ ਮਨੁੱਖ ਨੇ ਪ੍ਰਭੂ ਦੇ ਨਾਮ ਦਾ ਆਨੰਦ ਹਾਸਲ ਕੀਤਾ, ਉਸ ਨੇ ਗੁਰੂ ਦੀ ਰਾਹੀਂ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ ॥੧॥ ਰਹਾਉ ॥

42166	984	ਵਡਭਾਗੀ ਗੁਰ ਦਰਸਨੁ ਪਾਇਆ ਗੁਰਿ ਮਿਲਿਐ ਹਰਿ ਪ੍ਰਭੁ ਜਾਤਾ॥	ਜਾੱਤਾ	Vaddabhaagee Gur Dharasan Paaeiaa Gur Miliai Har Prabh Jaathaa ||	By great good fortune, one obtains the Blessed Vision of the Guru's Darshan; meeting with the Guru, the Lord God is known.	ਹੇ ਮਨ! ਕਿਸੇ ਵਡਭਾਗੀ ਨੇ ਹੀ ਗੁਰੂ ਦਰਸਨ ਪ੍ਰਾਪਤ ਕੀਤਾ ਹੈ, (ਕਿਉਂਕਿ) ਜੇ ਗੁਰੂ ਮਿਲ ਪਏ ਤਾਂ ਪਰਮਾਤਮਾ ਨਾਲ ਸਾਂਝ ਬਣ ਜਾਂਦੀ ਹੈ।
42167	984	ਦੁਰਮਤਿ ਮੈਲੁ ਗਈ ਸਭ ਨੀਕਰਿ ਹਰਿ ਅੰਮ੍ਰਿਤਿ ਹਰਿ ਸਰਿ ਨਾਤਾ॥੧॥	ਹਰਿ ਹਰਿ ਨਾਮ ਅੰਮ੍ਰਿਤ ਦੇ (ਸਰਿ) ਸ੍ਰੋਵਰ। ਦੁਰ-ਮੱਤਿ। ਨ੍ਹਾਤਾ	Dhuramath Mail Gee Sabh Neekar Har Anmrith Har Sar Naathaa ||1||	The filth of evil-mindedness is totally washed away, bathing in the Lord's ambrosial pool of nectar. ||1||	ਜਿਹੜਾ ਮਨੁੱਖ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੇ ਸਰੋਵਰ ਵਿਚ (ਸਾਧ ਸੰਗਤ ਵਿਚ ਆਤਮਕ) ਇਸ਼ਨਾਨ ਕਰਦਾ ਹੈ, ਉਸ ਦੇ ਅੰਦਰੋਂ ਭੈੜੀ ਮੱਤ ਦੀ ਸਾਰੀ ਮੈਲ ਨਿਕਲ ਜਾਂਦੀ ਹੈ ॥੧॥
42168	984	ਧਨੁ ਧਨੁ ਸਾਧੁ ਜਿਨੀ ਹਰਿ ਪ੍ਰਭੁ ਪਾਇਆ ਤਿਨ੍ ਪੂਛਉ ਹਰਿ ਕੀ ਬਾਤਾ॥		Dhhan Dhhan Saadhh Jinhee Har Prabh Paaeiaa Thinh Pooshho Har Kee Baathaa ||	Blessed, blessed are the Holy, who have found their Lord God; I ask them to tell me the stories of the Lord.	ਹੇ ਮੇਰੇ ਮਨ! ਭਾਗਾਂ ਵਾਲੇ ਹਨ ਉਹ ਸੰਤ ਜਨ, ਜਿਨ੍ਹਾਂ ਨੇ ਪਰਮਾਤਮਾ ਦਾ ਮਿਲਾਪ ਹਾਸਲ ਕਰ ਲਿਆ ਹੈ। ਮੈਂ ਭੀ (ਜੇ ਪ੍ਰਭੂ ਦੀ ਮਿਹਰ ਹੋਵੇ ਤਾਂ) ਉਹਨਾਂ ਪਾਸੋਂ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਪੁੱਛਾਂ।

42169	984	ਪਾਇ ਲਗਉ ਨਿਤ ਕਰਉ ਜੁਦਰੀਆ ਹਰਿ ਮੇਲਹੁ ਕਰਮਿ ਬਿਧਾਤਾ॥੨॥	ਸ੍ਰਬ ਵਿਆਪੀ ਮਹਾਂ ਵਿਸਮਾਦ ਪ੍ਰੇਮ ਗ੍ਰੀਬੀ ਸਹਿਤ ਲਖਾਂ ਮਣਾਂ (ਜੁ-ਦਰੀਆ) ਬੇਨਤੀਆਂ, ਮਿੰਨਤਾਂ	Paae Lago Nith Karo Judhareeaa Har Maelahu Karam Bidhhaathaa ||2||	I fall at their feet, and always pray to them, to mercifully unite me with my Lord, the Architect of Destiny. ||2||	ਮੈਂ ਉਹਨਾਂ ਦੀ ਚਰਨੀਂ ਲੱਗਾਂ, ਮੈਂ ਨਿੱਤ ਉਹਨਾਂ ਅੱਗੇ ਅਰਜ਼ੋਈ ਕਰਾਂ ਕਿ ਮਿਹਰ ਕਰ ਕੇ ਮੈਨੂੰ ਸਿਰਜਣਹਾਰ ਪ੍ਰਭੂ ਦਾ ਮਿਲਾਪ ਕਰਾ ਦਿਉ ॥੨॥
42170	984	ਲਿਲਾਟ ਲਿਖੇ ਪਾਇਆ ਗੁਰੁ ਸਾਧੂ ਗੁਰ ਬਚਨੀ ਮਨੁ ਤਨੁ ਰਾਤਾ॥		Lilaatt Likhae Paaeiaa Gur Saadhhoo Gur Bachanee Man Than Raathaa ||	Through the destiny written on my forehead, I have found the Holy Guru; my mind and body are imbued with the Guru's Word.	ਹੇ ਮੇਰੇ ਮਨ! ਜਿਸ ਮਨੁੱਖ ਨੇ ਮੱਥੇ ਦੇ ਲਿਖੇ ਲੇਖਾਂ ਅਨੁਸਾਰ ਗੁਰੂ ਮਹਾਂ ਪੁਰਖ ਲੱਭ ਲਿਆ ਉਸ ਦਾ ਮਨ ਉਸ ਦਾ ਤਨ ਗੁਰੂ ਦੇ ਬਚਨਾਂ ਵਿਚ ਰੰਗਿਆ ਜਾਂਦਾ ਹੈ।
42171	984	ਹਰਿ ਪ੍ਰਭੁ ਆਇ ਮਿਲੇ ਸੁਖੁ ਪਾਇਆ ਸਭ ਕਿਲਵਿਖ ਪਾਪ ਗਵਾਤਾ॥੩॥		Har Prabh Aae Milae Sukh Paaeiaa Sabh Kilavikh Paap Gavaathaa ||3||	The Lord God has come to meet me; I have found peace, and I am rid of all the sins. ||3||	(ਗੁਰੂ ਦੀ ਰਾਹੀਂ ਜਿਸ ਨੂੰ) ਪਰਮਾਤਮਾ ਮਿਲ ਪੈਂਦਾ ਹੈ, ਉਸ ਨੂੰ ਆਤਮਕ ਆਨੰਦ ਮਿਲ ਜਾਂਦਾ ਹੈ, ਉਸ ਦੇ ਸਾਰੇ ਪਾਪ ਵਿਕਾਰ ਦੂਰ ਹੋ ਜਾਂਦੇ ਹਨ ॥੩॥
42172	984	ਰਾਮ ਰਸਾਇਣੁ ਜਿਨ੍ ਗੁਰਮਤਿ ਪਾਇਆ ਤਿਨ੍ ਕੀ ਊਤਮ ਬਾਤਾ॥		Raam Rasaaein Jinh Guramath Paaeiaa Thinh Kee Ootham Baathaa ||	Those who follow the Guru's Teachings find the Lord, the source of nectar; their words are sublime and exalted.	ਹੇ ਮਨ! ਗੁਰੂ ਦੀ ਮੱਤ ਲੈ ਕੇ ਜਿਨ੍ਹਾਂ ਮਨੁੱਖਾਂ ਨੇ ਸਭ ਤੋਂ ਸ੍ਰੇਸ਼ਟ ਨਾਮ-ਰਸ ਪ੍ਰਾਪਤ ਕਰ ਲਿਆ, ਉਹਨਾਂ ਦੀ (ਲੋਕ ਪਰਲੋਕ ਵਿਚ) ਬਹੁਤ ਸੋਭਾ ਹੁੰਦੀ ਹੈ;

42173	984	ਤਿਨ ਕੀ ਪੰਕ ਪਾਈਐ ਵਡਭਾਗੀ ਜਨ ਨਾਨਕੁ ਚਰਨਿ ਪਰਾਤਾ॥੪॥੨॥		Thin Kee Pank Paaeeai Vaddabhaagee Jan Naanak Charan Paraathaa ||4||2||	By great good fortune, one is blessed with the dust of their feet; servant Nanak falls at their feet. ||4||2||	ਉਹਨਾਂ ਦੇ ਚਰਨਾਂ ਦੀ ਧੂੜ ਵੱਡੇ ਭਾਗਾਂ ਨਾਲ ਮਿਲਦੀ ਹੈ। ਦਾਸ ਨਾਨਕ (ਭੀ ਉਹਨਾਂ ਦੀ) ਚਰਨੀਂ ਪੈਂਦਾ ਹੈ ॥੪॥੨॥
42174	985	ਮਾਲੀਗਉੜਾ ਮਹਲਾ ੪॥		Maalee Gourraa Mehalaa 4 ||	Maalee Gauraa, Fourth Mehl:	
42175	985	ਸਭਿ ਸਿਧ ਸਾਧਿਕ ਮੁਨਿ ਜਨਾ ਮਨਿ ਭਾਵਨੀ ਹਰਿ ਧਿਆਇਓ॥		Sabh Sidhh Saadhhik Mun Janaa Man Bhaavanee Har Dhhiaaeiou ||	All the Siddhas, seekers and silent sages, with their minds full of love, meditate on the Lord.	ਜਿਨ੍ਹਾਂ ਸਾਰੇ ਸਿੱਧਾਂ ਨੇ, ਸਾਧਿਕਾਂ ਨੇ, ਮੁਨੀਆਂ ਨੇ ਆਪਣੇ ਮਨ ਵਿਚ (ਗੁਰੂ-ਚਰਨਾਂ ਵਿਚ) ਸਰਧਾ ਬਣਾ ਕੇ ਪਰਮਾਤਮਾ ਦਾ ਧਿਆਨ ਧਾਰਿਆ,
42176	985	ਅਪਰੰਪਰੋ ਪਾਰਬ੍ਰਹਮੁ ਸੁਆਮੀ ਹਰਿ ਅਲਖੁ ਗੁਰੂ ਲਖਾਇਓ॥੧॥ਰਹਾਉ॥	ਅਪ-ਰੰਪਰੋ	Aparanparo Paarabreham Suaamee Har Alakh Guroo Lakhaaeiou ||1|| Rehaao ||	The Supreme Lord God, my Lord and Master, is limitless; the Guru has inspired me to know the unknowable Lord. ||1||Pause||	ਗੁਰੂ ਨੇ ਉਹਨਾਂ ਨੂੰ ਉਹ ਅਲੱਖ ਹਰੀ ਉਸ ਅਪਰੰਪਰ ਪਾਰਬ੍ਰਹਮ ਸੁਆਮੀ (ਅੰਦਰ-ਵੱਸਦਾ) ਵਿਖਾ ਦਿੱਤਾ ॥੧॥ ਰਹਾਉ ॥

42177	985	ਹਮ ਨੀਚ ਮਧਿਮ ਕਰਮ ਕੀਏ ਨਹੀ ਚੇਤਿਓ ਹਰਿ ਰਾਇਓ॥		Ham Neech Madhhim Karam Keeeae Nehee Chaethiou Har Raaeiou ||	I am low, and I commit evil actions; I have not remembered my Sovereign Lord.	ਅਸੀਂ ਜੀਵ ਨੀਵੇਂ ਤੇ ਹੌਲੇ ਮੇਲ ਦੇ ਕੰਮ ਹੀ ਕਰਦੇ ਰਹਿੰਦੇ ਹਾਂ, ਕਦੇ ਪ੍ਰਭੂ-ਪਾਤਿਸ਼ਾਹ ਦਾ ਸਿਮਰਨ ਨਹੀਂ ਕਰਦੇ।
42178	985	ਹਰਿ ਆਨਿ ਮੇਲਿਓ ਸਤਿਗੁਰੂ ਖਿਨੁ ਬੰਧ ਮੁਕਤਿ ਕਰਾਇਓ॥੧॥		Har Aan Maeliou Sathiguroo Khin Bandhh Mukath Karaaeiou ||1||	The Lord has led me to meet the True Guru; in an instant, He liberated me from bondage. ||1||	ਪਰਮਾਤਮਾ ਨੇ ਜਿਸ ਨੂੰ ਗੁਰੂ ਲਿਆ ਕੇ ਮਿਲਾ ਦਿੱਤਾ, ਗੁਰੂ ਨੇ ਉਸ ਨੂੰ ਇਕ ਖਿਨ ਵਿਚ ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਦਿਵਾ ਦਿੱਤੀ ॥੧॥
42179	985	ਪ੍ਰਭਿ ਮਸਤਕੇ ਧੁਰਿ ਲੀਖਿਆ ਗੁਰਮਤੀ ਹਰਿ ਲਿਵ ਲਾਇਓ॥		Prabh Masathakae Dhhur Leekhiaa Guramathee Har Liv Laaeiou ||	Such is the destiny God wrote on my forehead; following the Guru's Teachings, I enshrine love for the Lord.	ਪ੍ਰਭੂ ਨੇ ਜਿਸ ਮਨੁੱਖ ਦੇ ਮੱਥੇ ਉਤੇ (ਗੁਰੂ-ਮਿਲਾਪ ਦਾ) ਲੇਖ ਲਿਖ ਦਿੱਤਾ, ਉਸ ਨੇ ਗੁਰੂ ਦੀ ਮੱਤ ਲੈ ਕੇ ਪਰਮਾਤਮਾ ਵਿਚ ਸੁਰਤ ਜੋੜ ਲਈ;
42180	985	ਪੰਚ ਸਬਦ ਦਰਗਹ ਬਾਜਿਆ ਹਰਿ ਮਿਲਿਓ ਮੰਗਲੁ ਗਾਇਓ॥੨॥		Panch Sabadh Dharageh Baajiaa Har Miliou Mangal Gaaeiou ||2||	The Panch Shabad, the five primal sounds, vibrate and resound in the Court of the Lord; meeting the Lord, I sing the songs of joy. ||2||	ਜਿਸ ਪਰਮਾਤਮਾ ਦੀ ਹਜ਼ੂਰੀ ਵਿਚ ਹਰ ਵੇਲੇ (ਮਾਨੋ) ਪੰਜਾਂ ਕਿਸਮਾਂ ਦੇ ਸਾਜ਼ਾਂ ਦਾ ਰਾਗ ਹੋ ਰਿਹਾ ਹੈ (ਗੁਰੂ ਦੀ ਕਿਰਪਾ ਨਾਲ ਉਸ ਮਨੁੱਖ ਨੂੰ ਉਹ ਪਰਮਾਤਮਾ ਮਿਲ ਪਿਆ, ਉਹ ਮਨੁੱਖ ਸਦਾ ਸਿਫ਼ਤ-ਸਾਲਾਹ ਦਾ ਗੀਤ ਹੀ ਗਾਂਦਾ ਰਹਿੰਦਾ ਹੈ ॥੨॥

42181	985	ਪਤਿਤ ਪਾਵਨੁ ਨਾਮੁ ਨਰਹਰਿ ਮੰਦਭਾਗੀਆਂ ਨਹੀ ਭਾਇਓ॥		Pathith Paavan Naam Narehar Mandhabhaageeaa an Nehee Bhaaeiou ||	The Naam, the Name of the Lord, is the Purifier of sinners; the unfortunate wretches do not like this.	ਪਰਮਾਤਮਾ ਦਾ ਨਾਮ ਵਿਕਾਰੀਆਂ ਨੂੰ ਭੀ ਪਵਿੱਤਰ ਕਰਨ ਵਾਲਾ ਹੈ, ਪਰ ਬਦ-ਕਿਸਮਤ ਬੰਦਿਆਂ ਨੂੰ ਹਰਿ-ਨਾਮ ਪਿਆਰਾ ਨਹੀਂ ਲੱਗਦਾ।
42182	985	ਤੇ ਗਰਭ ਜੋਨੀ ਗਾਲੀਅਹਿ ਜਿਉ ਲੋਨੁ ਜਲਹਿ ਗਲਾਇਓ॥੩॥		Thae Garabh Jonee Gaaleeahi Jio Lon Jalehi Galaaeiou ||3||	They rot away in the womb of reincarnation; they fall apart like salt in water. ||3||	ਜਿਵੇਂ ਲੂਣ ਪਾਣੀ ਵਿਚ ਪਿਆ ਹੋਇਆ ਗਲ ਜਾਂਦਾ ਹੈ, ਤਿਵੇਂ ਉਹ (ਮੰਦ-ਭਾਗੀ) ਬੰਦੇ (ਨਾਮ-ਹੀਣ ਰਹਿ ਕੇ) ਅਨੇਕਾਂ ਜੂਨਾਂ ਵਿਚ ਗਾਲੇ ਜਾਂਦੇ ਹਨ ॥੩॥
42183	985	ਮਤਿ ਦੇਹਿ ਹਰਿ ਪ੍ਰਭ ਅਗਮ ਠਾਕੁਰ ਗੁਰ ਚਰਨ ਮਨੁ ਮੈ ਲਾਇਓ॥		Math Dhaehi Har Prabh Agam Thaakur Gur Charan Man Mai Laaeiou ||	Please bless me with such understanding, O Inaccessible Lord God, my Lord and Master, that my mind may remain attached to the Guru's feet.	ਹੇ ਹਰੀ! ਹੇ ਅਪਹੁੰਚ ਪ੍ਰਭੂ! ਹੇ ਠਾਕੁਰ! ਮੈਨੂੰ ਅਜਿਹੀ ਮੱਤ ਦੇਹ ਕਿ ਮੈਂ ਗੁਰੂ ਦੇ ਚਰਨਾਂ ਵਿਚ ਆਪਣਾ ਮਨ ਜੋੜੀ ਰੱਖਾਂ,
42184	985	ਹਰਿ ਰਾਮ ਨਾਮੈ ਰਹਉ ਲਾਗੋ ਜਨ ਨਾਨਕ ਨਾਮਿ ਸਮਾਇਓ॥੪॥੩॥		Har Raam Naamai Reho Laago Jan Naanak Naam Samaaeiou ||4||3||	Servant Nanak remains attached to the Name of the Lord; he is merged in the Naam. ||4||3||	ਹੇ ਦਾਸ ਨਾਨਕ! (ਬੇਨਤੀ ਕਰ ਕਿ ਗੁਰੂ ਦੀ ਕਿਰਪਾ ਨਾਲ) ਮੈਂ ਹਰਿ-ਨਾਮ ਵਿਚ ਹੀ ਜੁੜਿਆ ਰਹਾਂ, ਮੈਂ ਹਰਿ-ਨਾਮ ਵਿਚ ਹੀ ਲੀਨ ਰਹਾਂ ॥੪॥੩॥
42185	985	ਮਾਲੀਗਉੜਾ ਮਹਲਾ ੪॥		Maalee Gourraa Mehalaa 4 ||	Maalee Gauraa, Fourth Mehl:	

42186	985	ਮੇਰਾ ਮਨੁ ਰਾਮ ਨਾਮਿ ਰਸਿ ਲਾਗਾ॥		Maeraa Man Raam Naam Ras Laagaa ||	My mind is addicted to the juice of the Lord's Name.	ਮੇਰਾ ਮਨ ਪ੍ਰਭੂ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ ਹਰਿ-ਨਾਮ ਦੇ ਸੁਆਦ ਵਿਚ ਮਗਨ ਰਹਿੰਦਾ ਹੈ।
42187	985	ਕਮਲ ਪ੍ਰਗਾਸੁ ਭਇਆ ਗੁਰੁ ਪਾਇਆ ਹਰਿ ਜਪਿਓ ਭ੍ਰਮੁ ਭਉ ਭਾਗਾ॥੧॥ਰਹਾਉ॥		Kamal Pragaas Bhaeiaa Gur Paaeiaa Har Japiou Bhram Bho Bhaagaa ||1|| Rehaao ||	My heart-lotus has blossomed forth, and I have found the Guru. Meditating on the Lord, my doubts and fears have run away. ||1||Pause||	(ਮੈਨੂੰ ਗੁਰੂ ਮਿਲਿਆ ਹੈ ਮੇਰੇ (ਹਿਰਦੇ-) ਕੌਲ ਫੁੱਲ ਦਾ ਖਿੜਾਉ ਹੋ ਗਿਆ ਹੈ, ਮੈਂ ਪਰਮਾਤਮਾ ਦਾ ਨਾਮ ਜਪ ਰਿਹਾ ਹਾਂ, ਤੇ (ਮੇਰੇ ਅੰਦਰੋਂ) ਹਰੇਕ ਕਿਸਮ ਦੀ ਭਟਕਣ ਹਰੇਕ ਕਿਸਮ ਦਾ ਡਰ ਦੂਰ ਹੋ ਗਿਆ ਹੈ ॥੧॥ ਰਹਾਉ ॥
42188	985	ਭੈ ਭਾਇ ਭਗਤਿ ਲਾਗੋ ਮੇਰਾ ਹੀਅਰਾ ਮਨੁ ਸੋਇਓ ਗੁਰਮਤਿ ਜਾਗਾ॥		Bhai Bhaae Bhagath Laago Maeraa Heearaa Man Soeiou Guramath Jaagaa ||	In the Fear of God, my heart is committed in loving devotion to Him; following the Guru's Teachings, my sleeping mind has awakened.	ਗੁਰੂ ਦੀ ਮੱਤ ਦੀ ਬਰਕਤਿ ਨਾਲ ਮੇਰਾ ਸੁੱਤਾ ਹੋਇਆ ਮਨ ਜਾਗ ਪਿਆ ਹੈ, ਮੇਰਾ ਹਿਰਦਾ ਅਦਬ ਅਤੇ ਪ੍ਰੇਮ ਨਾਲ ਪ੍ਰਭੂ ਦੀ ਭਗਤੀ ਵਿਚ ਲੱਗਾ ਰਹਿੰਦਾ ਹੈ।
42189	985	ਕਿਲਬਿਖ ਖੀਨ ਭਏ ਸਾਂਤਿ ਆਈ ਹਰਿ ਉਰ ਧਾਰਿਓ ਵਡਭਾਗਾ॥੧॥		Kilabikh Kheen Bheae Saanth Aaee Har Our Dhhaariou Vaddabhaagaa ||1||	All my sins have been erased, and I have found peace and tranquility; I have enshrined the Lord within my heart, by great good fortune. ||1||	ਵੱਡੇ ਭਾਗਾਂ ਨਾਲ ਮੈਂ ਪਰਮਾਤਮਾ ਨੂੰ ਆਪਣੇ ਵਿਚ ਵਸਾ ਲਿਆ ਹੈ, ਹੁਣ ਮੇਰੇ ਸਾਰੇ ਪਾਪ ਨਾਸ ਹੋ ਗਏ ਹਨ ਤੇ ਮੇਰੇ ਅੰਦਰ ਠੰਢ ਵਰਤ ਰਹੀ ਹੈ ॥੧॥

42190	985	ਮਨਮੁਖ ਰੰਗੁ ਕਸੁੰਭੁ ਹੈ ਕਚੂਆ ਜਿਉ ਕੁਸਮ ਚਾਰਿ ਦਿਨ ਚਾਗਾ॥	ਕ-ਸੁੰਭੁ।ਕੱਚੂਆ,ਚਾਂਗਾ ਚੰਗਾ	Manamukh Rang Kasunbh Hai Kachooaa Jio Kusam Chaar Dhin Chaagaa ||	The self-willed manmukh is like the false color of the safflower, which fades away; its color lasts for only a few days.	ਜਿਹੜਾ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ, ਉਹ ਕੱਚੇ ਰੰਗ ਵਾਲਾ ਕਸੁੰਭਾ ਹੀ ਹੈ, ਕਸੁੰਭੇ ਦੇ ਫੁੱਲ ਦਾ ਰੰਗ ਚਾਰ ਦਿਨ ਹੀ ਚੰਗਾ ਰਹਿੰਦਾ ਹੈ।
42191	985	ਖਿਨ ਮਹਿ ਬਿਨਸਿ ਜਾਇ ਪਰਤਾਪੈ ਡੰਡੁ ਧਰਮਰਾਇ ਕਾ ਲਾਗਾ॥੨॥	ਮਾਇਆ ਔਗੁਣਾਂ ਵਿਕਾਰਾਂ ਦਾ ਰੰਗ, ਖਿਨ ਚ ਨਾਸ ਹੋ ਜਾਣ ਤੋਂ (ਪਰਤਾਪੈ) ਪਛਤਾਉਂਦਾ	Khin Mehi Binas Jaae Parathaapai Ddandd Dhharam Raae Kaa Laagaa ||2||	He perishes in an instant; he is tormented, and punished by the Righteous Judge of Dharma. ||2||	(ਉਸ ਦੇ ਅੰਦਰੋਂ ਸੁਖ ਇਕ ਖਿਨ ਵਿਚ ਹੀ ਨਾਸ ਹੋ ਜਾਂਦਾ ਹੈ, ਉਹ (ਸਦਾ) ਦੁਖੀ ਰਹਿੰਦਾ ਹੈ, ਸਿਰ ਉੱਤੇ ਧਰਮਰਾਜ ਦਾ ਡੰਡਾ ਕਾਇਮ ਰਹਿੰਦਾ ਹੈ ॥੨॥
42192	985	ਸਤਸੰਗਤਿ ਪ੍ਰੀਤਿ ਸਾਧ ਅਤਿ ਗੂੜੀ ਜਿਉ ਰੰਗੁ ਮਜੀਠ ਬਹੁ ਲਾਗਾ॥		Sathasangath Preeth Saadhh Ath Goorree Jio Rang Majeeth Bahu Laagaa ||	The Lord's Love, found in the Sat Sangat, the True Congregation, is absolutely permanent, and colorfast.	ਸਾਧ ਸੰਗਤ ਵਿਚ ਰਹਿ ਕੇ ਗੁਰੂ (ਦੇ ਚਰਨਾਂ) ਨਾਲ ਬਹੁਤ ਗੂੜ੍ਹਾ ਪਿਆਰ ਬਣਦਾ ਹੈ (ਉਹ ਪਿਆਰ ਇਉਂ ਹੀ ਪੱਕਾ ਹੁੰਦਾ ਹੈ) ਜਿਵੇਂ ਮਜੀਠ ਦਾ ਰੰਗ ਬਹੁਤ ਪੱਕਾ ਹੁੰਦਾ ਹੈ, (ਮਜੀਠ ਨਾਲ ਰੰਗੇ ਹੋਏ) ਕੱਪੜੇ ਪਾਟ ਭਾਵੇਂ ਜਾਣ (ਪਰ ਰੰਗ ਨਹੀਂ ਉਤਰਦਾ)।

42193	985	ਕਾਇਆ ਕਾਪਰੁ ਚੀਰ ਬਹੁ ਫਾਰੇ ਹਰਿ ਰੰਗੁ ਨ ਲਹੈ ਸਭਾਗਾ॥੩॥		Kaaeiaa Kaapar Cheer Bahu Faarae Har Rang N Lehai Sabhaagaa ||3||	The cloth of the body may be torn to shreds, but still, this beautiful color of the Lord's Love does not fade away. ||3||	ਸਰੀਰ-ਕੱਪੜਾ ਨਾਸ ਭਾਵੇਂ ਹੋ ਜਾਏ, ਪਰ ਇਸ ਦਾ ਹਰਿ-ਨਾਮ ਦਾ ਭਾਗਾਂ ਵਾਲਾ ਰੰਗ ਨਹੀਂ ਉਤਰਦਾ ॥੩॥
42194	985	ਹਰਿ ਚਾਰਿਓ ਰੰਗੁ ਮਿਲੈ ਗੁਰੁ ਸੋਭਾ ਹਰਿ ਰੰਗਿ ਚਲੂਲੈ ਰਾਂਗਾ॥	ਚਾਰਿਓ: ਰਾਰੇ ਪੈਰ ਹਲੰਤ ਲਾਉ	Har Chaarihou Rang Milai Gur Sobhaa Har Rang Chaloolai Raangaa ||	Meeting with the Blessed Guru, one is dyed in the color of the Lord's Love, imbued with this deep crimson color.	ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਗੁਰੂ ਉਸ ਨੂੰ ਪਰਮਾਤਮਾ ਦਾ ਨਾਮ-ਰੰਗ ਚਾੜ੍ਹ ਦੇਂਦਾ ਹੈ, ਉਹ ਮਨੁੱਖ ਹਰਿ-ਨਾਮ ਦੇ ਗੂੜ੍ਹੇ ਰੰਗ ਵਿਚ ਰੰਗਿਆ ਰਹਿੰਦਾ ਹੈ (ਲੋਕ ਪਰਲੋਕ ਵਿਚ ਉਹ) ਸੋਭਾ (ਖੱਟਦਾ ਹੈ)।
42195	985	ਜਨ ਨਾਨਕੁ ਤਿਨ ਕੇ ਚਰਨ ਪਖਾਰੈ ਜੋ ਹਰਿ ਚਰਨੀ ਜਨੁ ਲਾਗਾ॥੪॥੪॥		Jan Naanak Thin Kae Charan Pakhaarai Jo Har Charanee Jan Laagaa ||4||4||	Servant Nanak washes the feet of that humble being, who is attached to the feet of the Lord. ||4||4||	ਜਿਹੜਾ ਜਿਹੜਾ ਸੇਵਕ-ਭਗਤ ਪਰਮਾਤਮਾ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ, ਦਾਸ ਨਾਨਕ ਉਹਨਾਂ ਦੇ ਚਰਨ ਧੋਂਦਾ ਹੈ ॥੪॥੪॥
42196	985	ਮਾਲੀਗਉੜਾ ਮਹਲਾ ੪॥		Maalee Gourraa Mehalaa 4 ||	Maalee Gauraa, Fourth Mehl:	
42197	985	ਮੇਰੇ ਮਨ ਭਜੁ ਹਰਿ ਹਰਿ ਨਾਮੁ ਗੁਪਾਲਾ॥	ਭਜੁ: ਪੋਲਾ ਬੋਲੋ	Maerae Man Bhaj Har Har Naam Gupaalaa ||	O my mind, meditate, vibrate upon the Name of the Lord, the Lord of the World, Har, Har.	ਹੇ ਮੇਰੇ ਮਨ! ਜਗਤ ਦੇ ਪਾਲਣਹਾਰ ਪ੍ਰਭੂ ਦਾ ਨਾਮ ਸਦਾ ਜਪਿਆ ਕਰ।

42198	985	ਮੇਰਾ ਮਨੁ ਤਨੁ ਲੀਨੁ ਭਇਆ ਰਾਮ ਨਾਮੈ ਮਤਿ ਗੁਰਮਤਿ ਰਾਮ ਰਸਾਲਾ॥੧॥ਰਹਾਉ॥		Maeraa Man Than Leen Bhaeiaa Raam Naamai Math Guramath Raam Rasaalaa ||1|| Rehaao ||	My mind and body are merged in the Lord's Name,and through the Guru's Teachings,my intellect is imbued with the Lord, the source of nectar. ||1||Pause||	(ਨਾਮ ਜਪਣ ਦੀ ਬਰਕਤਿ ਨਾਲ ਹੀ) ਮੇਰਾ ਮਨ ਮੇਰਾ ਤਨ (ਭਾਵ, ਸਾਰੇ ਗਿਆਨ ਇੰਦ੍ਰੇ) ਪਰਮਾਤਮਾ ਦੇ ਨਾਮ ਵਿਚ ਹੀ ਲੀਨ ਰਹਿੰਦਾ ਹੈ, ਮੇਰੀ ਮੱਤ ਗੁਰੂ ਦੀ ਮੱਤ ਵਿਚ ਲੀਨ ਹੋ ਗਈ ਹੈ, ਪਰਮਾਤਮਾ ਮੈਨੂੰ ਸਾਰੇ ਰਸਾਂ ਦਾ ਖ਼ਜ਼ਾਨਾ ਦਿੱਸ ਰਿਹਾ ਹੈ ॥੧॥ ਰਹਾਉ ॥
42199	985	ਗੁਰਮਤਿ ਨਾਮੁ ਧਿਆਈਐ ਹਰਿ ਹਰਿ ਮਨਿ ਜਪੀਐ ਹਰਿ ਜਪਮਾਲਾ॥	ਜਪ-ਮਾਲਾ:ਪੋਲਾ ਬੋਲੋ। (ਜਪਮਾਲਾ) ਜਪ ਕਰਨ ਦੀ ਮਾਲਾ	Guramath Naam Dhhiaaeeai Har Har Man Japeeai Har Japamaalaa ||	Follow the Guru's Teachings, and meditate on the Naam, the Name of the Lord, Har, Har. Chant, and meditate, on the beads of the mala of the Lord.	ਗੁਰੂ ਦੀ ਮੱਤ ਲੈ ਕੇ ਪਰਮਾਤਮਾ ਦਾ ਨਾਮ ਸਦਾ ਸਿਮਰਨਾ ਚਾਹੀਦਾ ਹੈ, ਮਨ ਵਿਚ ਹਰੀ ਦਾ ਜਾਪ ਜਪਣਾ ਚਾਹੀਦਾ ਹੈ।
42200	985	ਜਿਨ੍ ਕੈ ਮਸਤਕਿ ਲੀਖਿਆ ਹਰਿ ਮਿਲਿਆ ਹਰਿ ਬਨਮਾਲਾ॥੧॥	ਬਨ-ਮਾਲਾ: ਪੋਲਾ ਬੋਲੋ	Jinh Kai Masathak Leekhiaa Har Miliaa Har Banamaalaa ||1||	Those who have such destiny inscribed upon their foreheads, meet with the Lord, adorned with garlands of flowers. ||1||	ਜਗਤ ਦਾ ਮਾਲਕ ਪ੍ਰਭੂ ਉਹਨਾਂ ਬੰਦਿਆਂ ਨੂੰ (ਹੀ) ਮਿਲਦਾ ਹੈ ਜਿਨ੍ਹਾਂ ਦੇ ਮੱਥੇ ਉਤੇ ਇਹ ਲੇਖ ਲਿਖਿਆ ਹੁੰਦਾ ਹੈ ॥੧॥

42201	985	ਜਿਨ੍ ਹਰਿ ਨਾਮੁ ਧਿਆਇਆ ਤਿਨ੍ ਚੂਕੇ ਸਰਬ ਜੰਜਾਲਾ॥		Jinh Har Naam Dhhiaaeiaa Thinh Chookae Sarab Janjaalaa ||	Those who meditate on the Name of the Lord - all their entanglements are ended.	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਜਪਿਆ, ਉਹਨਾਂ ਦੇ ਸਾਰੇ ਮਾਇਕ ਬੰਧਨ ਮੁੱਕ ਗਏ।
42202	985	ਤਿਨ੍ ਜਮੁ ਨੇੜਿ ਨ ਆਵਈ ਗੁਰਿ ਰਾਖੇ ਹਰਿ ਰਖਵਾਲਾ॥੨॥		Thinh Jam Naerr N Aavee Gur Raakhae Har Rakhavaalaa ||2||	The Messenger of Death does not even approach them; the Guru, the Savior Lord, saves them. ||2||	(ਆਤਮਕ) ਮੌਤ ਉਹਨਾਂ ਦੇ ਨੇੜੇ ਨਹੀਂ ਢੁਕਦੀ, ਗੁਰੂ ਨੇ ਉਹਨਾਂ ਨੂੰ ਬਚਾ ਲਿਆ, ਪਰਮਾਤਮਾ (ਆਪ ਉਹਨਾਂ ਦਾ) ਰਾਖਾ ਬਣਿਆ ॥੨॥
42203	985	ਹਮ ਬਾਰਿਕ ਕਿਛੂ ਨ ਜਾਣਹੂ ਹਰਿ ਮਾਤ ਪਿਤਾ ਪ੍ਰਤਿਪਾਲਾ॥		Ham Baarik Kishhoo N Jaanehoo Har Maath Pithaa Prathipaalaa ||	I am a child; I know nothing at all. The Lord cherishes me, as my mother and father.	ਅਸੀਂ ਜੀਵ ਤਾਂ ਬੱਚੇ ਹਾਂ (ਅਸੀਂ ਆਪਣਾ ਹਾਣ ਲਾਭ) ਕੁਝ ਨਹੀਂ ਸਮਝਦੇ; ਪਰ ਪਰਮਾਤਮਾ ਮਾਪਿਆਂ ਵਾਂਗ ਸਾਡੀ ਪਾਲਣਾ ਕਰਨ ਵਾਲਾ ਹੈ।
42204	985	ਕਰੁ ਮਾਇਆ ਅਗਨਿ ਨਿਤ ਮੇਲਤੇ ਗੁਰਿ ਰਾਖੇ ਦੀਨ ਦਇਆਲਾ॥੩॥	ਦ-ਇਆਲਾ	Kar Maaeiaa Agan Nith Maelathae Gur Raakhae Dheen Dhaeiaalaa ||3||	I continually put my hands into the fire of Maya, but the Guru saves me; He is merciful to the meek. ||3||	(ਬੱਚੇ ਸਦਾ ਅੱਗ ਵਿਚ ਹੱਥ ਪਾਂਦੇ ਹਨ, ਮਾਪੇ ਬਚਾਂਦੇ ਹਨ) ਅਸੀਂ ਮਾਇਆ ਦੀ ਅੱਗ ਵਿਚ ਹੱਥ ਪਾਂਦੇ ਰਹਿੰਦੇ ਹਾਂ (ਮਨ ਫਸਾਂਦੇ ਰਹਿੰਦੇ ਹਾਂ), ਪਰ ਦੀਨਾਂ ਉਤੇ ਦਇਆ ਕਰਨ ਵਾਲੇ ਗੁਰੂ ਨੇ ਸਦਾ ਸਾਡੀ ਰੱਖਿਆ ਕੀਤੀ ਹੈ ॥੩॥

42205	985	ਬਹੁ ਮੈਲੇ ਨਿਰਮਲ ਹੋਇਆ ਸਭ ਕਿਲਬਿਖ ਹਰਿ ਜਸਿ ਜਾਲਾ॥	ਜੱਾਲਾ	Bahu Mailae Niramal Hoeiaa Sabh Kilabikh Har Jas Jaalaa ||	I was filthy, but I have become immaculate. Singing the Lord's Praises, all sins have been burnt to ashes.	(ਪਰਮਾਤਮਾ ਦੇ ਨਾਮ ਨਾਲ) ਬੜੇ ਬੜੇ ਵਿਕਾਰੀ ਪਵਿੱਤਰ ਹੋ ਗਏ ਹਨ; ਹਰੀ-ਜਸ ਨੇ (ਉਹਨਾਂ ਦੇ) ਸਾਰੇ ਪਾਪ ਸਾੜ ਦਿੱਤੇ ਹਨ।
42206	985	ਮਨਿ ਅਨਦੁ ਭਇਆ ਗੁਰੁ ਪਾਇਆ ਜਨ ਨਾਨਕ ਸਬਦਿ ਨਿਹਾਲਾ॥੪॥੫॥		Man Anadh Bhaeiaa Gur Paaeiaa Jan Naanak Sabadh Nihaalaa ||4||5||	My mind is in esctasy, having found the Guru; servant Nanak is enraptured through the Word of the Shabad. ||4||5||	ਹੇ ਦਾਸ ਨਾਨਕ! ਜਿਸ ਮਨੁੱਖ ਨੂੰ ਗੁਰੂ ਮਿਲ ਪਿਆ, ਉਸ ਦੇ ਮਨ ਵਿਚ ਆਨੰਦ ਪੈਦਾ ਹੋ ਗਿਆ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਨਿਹਾਲ ਹੋ ਗਿਆ ॥੪॥੫॥
42207	985	ਮਾਲੀਗਉੜਾ ਮਹਲਾ ੪॥		Maalee Gourraa Mehalaa 4 ||	Maalee Gauraa, Fourth Mehl:	
42208	986	ਮੇਰੇ ਮਨ ਹਰਿ ਭਜੁ ਸਭ ਕਿਲਬਿਖ ਕਾਟ॥		Maerae Man Har Bhaj Sabh Kilabikh Kaatt ||	O my mind, meditate, vibrate on the Lord, and all sins will be eradicated.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਜਪਿਆ ਕਰ, ਹਰਿ-ਨਾਮ ਸਾਰੇ ਪਾਪ ਦੂਰ ਕਰਨ ਵਾਲਾ ਹੈ।
42209	986	ਹਰਿ ਹਰਿ ਉਰ ਧਾਰਿਓ ਗੁਰਿ ਪੂਰੈ ਮੇਰਾ ਸੀਸੁ ਕੀਜੈ ਗੁਰ ਵਾਟ॥੧॥ਰਹਾਉ॥		Har Har Our Dhhaariou Gur Poorai Maeraa Sees Keejai Gur Vaatt ||1|| Rehaao ||	The Guru has enshried the Lord,Har,Har, within my heart; I place my head on the Guru's Path. ||1||Pause||	ਪਰ ਇਹ ਹਰਿ-ਨਾਮ ਸਦਾ ਪੂਰੇ ਗੁਰੂ ਨੇ ਹੀ (ਪ੍ਰਾਣੀ ਦੇ) ਹਿਰਦੇ ਵਿਚ ਵਸਾਇਆ ਹੈ, (ਮੇਰੇ ਚੰਗੇ ਭਾਗ ਹੋਣ, ਜੇ) ਮੇਰਾ ਸਿਰ (ਅਜਿਹੇ) ਗੁਰੂ ਦੇ ਰਸਤੇ ਵਿਚ (ਭੇਟਾ) ਕੀਤਾ ਜਾਏ ॥੧॥ ਰਹਾਉ ॥

42210	986	ਮੇਰੇ ਹਰਿ ਪ੍ਰਭ ਕੀ ਮੈ ਬਾਤ ਸੁਨਾਵੈ ਤਿਸੁ ਮਨੁ ਦੇਵਉ ਕਟਿ ਕਾਟ॥		Maerae Har Prabh Kee Mai Baath Sunaavai This Man Dhaevo Katt Kaatt ||	Whoever tells me the stories of my Lord God, I would cut my mind into slices, and dedicate it to him.	ਜਿਹੜਾ ਕੋਈ ਮੈਨੂੰ ਪਿਆਰੇ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਗੱਲ ਸੁਣਾਵੇ, ਮੈਂ ਉਸ ਨੂੰ ਆਪਣਾ ਮਨ ਟੋਟੇ ਟੋਟੇ ਕਰ ਕੇ ਦੇ ਦਿਆਂ।
42211	986	ਹਰਿ ਸਾਜਨੁ ਮੇਲਿਓ ਗੁਰਿ ਪੂਰੈ ਗੁਰ ਬਚਨਿ ਬਿਕਾਨੋ ਹਟਿ ਹਾਟ॥੧॥	ਹੱਟਿ	Har Saajan Maeliou Gur Poorai Gur Bachan Bikaano Hatt Haatt ||1||	The Perfect Guru has united me with the Lord, my Friend; I have sold myself at each and every store for the Guru's Word. ||1||	ਪੂਰੇ ਗੁਰੂ ਨੇ ਹੀ ਸੱਜਣ-ਪ੍ਰਭੂ ਮਿਲਾਇਆ ਹੈ। ਗੁਰੂ ਦੇ ਬਚਨ ਦੀ ਬਰਕਤ ਨਾਲ ਮੈਂ ਉਸ ਦਾ ਹੱਟੀ ਹੱਟੀ ਵਿਕਿਆ (ਗੁਲਾਮ) ਬਣ ਚੁਕਾ ਹਾਂ ॥੧॥
42212	986	ਮਕਰ ਪ੍ਰਾਗਿ ਦਾਨੁ ਬਹੁ ਕੀਆ ਸਰੀਰੁ ਦੀਓ ਅਧ ਕਾਟਿ॥	ਮਕਰ: ਪੋਲਾ ਬੋਲੋ।ਅੱਧ	Makar Praag Dhaan Bahu Keeaa Sareer Dheeou Adhh Kaatt ||	One may give donations in charity at Prayaag, and cut the body in two at Benares,	ਕਿਸੇ ਨੇ ਤਾਂ ਮਾਘ ਦੀ ਸੰਗ੍ਰਾਂਦ ਤੇ ਪ੍ਰਯਾਗ-ਤੀਰਥ ਉਤੇ (ਜਾ ਕੇ) ਬਹੁਤ ਦਾਨ ਕੀਤਾ, ਕਿਸੇ ਨੇ ਕਾਸ਼ੀ ਜਾ ਕੇ ਕਰਵੱਤ੍ਰ ਨਾਲ ਆਪਣਾ ਸਰੀਰ ਦੁ-ਫਾੜ ਕਰਾ ਦਿੱਤਾ (ਪਰ ਇਹ ਸਭ ਕੁਝ ਵਿਅਰਥ ਹੀ ਗਿਆ, ਕਿਉਂਕਿ)
42213	986	ਬਿਨੁ ਹਰਿ ਨਾਮ ਕੋ ਮੁਕਤਿ ਨ ਪਾਵੈ ਬਹੁ ਕੰਚਨੁ ਦੀਜੈ ਕਟਿ ਕਾਟ॥੨॥	ਕੱਟਿ	Bin Har Naam Ko Mukath N Paavai Bahu Kanchan Dheejai Katt Kaatt ||2||	But without the Lord's Name, no one attains liberation, even though one may give away huge amounts of gold. ||2||	ਪਰਮਾਤਮਾ ਦੇ ਨਾਮ ਸਿਮਰਨ ਤੋਂ ਬਿਨਾ ਕੋਈ ਭੀ ਮਨੁੱਖ ਮੁਕਤੀ (ਵਿਕਾਰਾਂ ਤੋਂ ਖ਼ਲਾਸੀ) ਹਾਸਲ ਨਹੀਂ ਕਰ ਸਕਦਾ, ਭਾਵੇਂ ਤੀਰਥਾਂ ਤੇ ਜਾ ਕੇ ਬਹੁਤ ਸਾਰਾ ਸੋਨਾ ਭੀ ਥੋੜਾ ਥੋੜਾ ਕਰ ਕੇ ਅਨੇਕਾਂ ਨੂੰ ਦਾਨ ਦਿੱਤਾ ਜਾਏ ॥੨॥

42214	986	ਹਰਿ ਕੀਰਤਿ ਗੁਰਮਤਿ ਜਸੁ ਗਾਇਓ ਮਨਿ ਉਘਰੇ ਕਪਟ ਕਪਾਟ॥		Har Keerath Guramath Jas Gaaeiou Man Ougharae Kapatt Kapaatt ||	When one follows the Guru's Teachings, and sings the Kirtan of the Lord's Praises, the doors of the mind, held shut by deception, are thrown open again.	ਜਿਸ ਮਨੁੱਖ ਨੇ ਗੁਰੂ ਦੀ ਮੱਤ ਉਤੇ ਤੁਰ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ, ਪ੍ਰਭੂ ਦਾ ਜਸ ਗਾਵਿਆ, ਉਸ ਦੇ ਮਨ ਵਿਚਲੇ ਕਿਵਾੜ ਖੁੱਲ੍ਹ ਗਏ (ਮਨ ਵਿਚ ਆਤਮਕ ਜੀਵਨ ਦੀ ਸੂਝ ਪੈਦਾ ਹੋ ਗਈ)।
42215	986	ਤ੍ਰਿਕੁਟੀ ਫੋਰਿ ਭਰਮੁ ਭਉ ਭਾਗਾ ਲਜ ਭਾਨੀ ਮਟੁਕੀ ਮਾਟ॥੩॥	ਭੱਾਗਾ ਲੱਜ ਭੱਾਨੀ। ਮਟੁਕੀ: ਪੋਲਾ ਬੋਲੋ	Thrikuttee For Bharam Bho Bhaagaa Laj Bhaanee Mattukee Maatt ||3||	The three qualities are shattered, doubt and fear run away, and the clay pot of public opinion is broken. ||3||	ਸਿਫ਼ਤ-ਸਾਲਾਹ ਦੀ ਬਰਕਤਿ ਨਾਲ ਮਨ ਦੀ ਖਿੱਝ ਦੂਰ ਕੀਤਿਆਂ ਜਿਸ ਮਨੁੱਖ ਦੇ ਅੰਦਰੋਂ ਹਰੇਕ ਕਿਸਮ ਦਾ ਵਹਿਮ ਤੇ ਡਰ ਦੂਰ ਹੋ ਗਿਆ, ਉਸ ਦੀ ਲੋਕ-ਲਾਜ ਦੀ ਮਟੁਕੀ ਭੀ ਟੁੱਟ ਗਈ (ਜਿਹੜੀ ਉਹ ਸਦਾ ਆਪਣੇ ਸਿਰ ਉੱਤੇ ਚੁੱਕੀ ਫਿਰਦਾ ਸੀ) ॥੩॥
42216	986	ਕਲਜੁਗਿ ਗੁਰੁ ਪੂਰਾ ਤਿਨ ਪਾਇਆ ਜਿਨ ਧੁਰਿ ਮਸਤਕਿ ਲਿਖੇ ਲਿਲਾਟ॥		Kalajug Gur Pooraa Thin Paaeiaa Jin Dhhur Masathak Likhae Lilaatt ||	They alone find the Perfect Guru in this Dark Age of Kali Yuga, upon whose foreheads such pre-ordained destiny is inscribed.	ਇਸ ਜਗਤ ਵਿਚ ਪੂਰਾ ਗੁਰੂ ਉਹਨਾਂ ਪ੍ਰਾਣੀਆਂ ਨੇ ਹੀ ਲੱਭਾ ਹੈ, ਜਿਨ੍ਹਾਂ ਦੇ ਮੱਥੇ ਉਤੇ ਧੁਰੋਂ ਹੀ ਅਜਿਹੇ ਲੇਖ ਲਿਖੇ ਹੁੰਦੇ ਹਨ।

42217	986	ਜਨ ਨਾਨਕ ਰਸੁ ਅੰਮ੍ਰਿਤੁ ਪੀਆ ਸਭ ਲਾਥੀ ਭੂਖ ਤਿਖਾਟ॥੪॥੬॥ਛਕਾ ੧॥	ਛੇ ਸਬਦ ਇੱਕ ਛੱਕਾ। ਛੱਕਾ ਇੱਕ ਬੋਲੋ	Jan Naanak Ras Anmrith Peeaa Sabh Laathhee Bhookh Thikhaatt ||4||6||	Servant Nanak drinks in the Ambrosial Nectar; all his hunger and thirst are quenched. ||4||6||	ਹੇ ਦਾਸ ਨਾਨਕ! (ਅਜਿਹੇ ਬੰਦਿਆਂ ਨੇ ਜਦੋਂ ਗੁਰੂ ਦੀ ਕਿਰਪਾ ਨਾਲ) ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਤਾ, ਉਹਨਾਂ ਦੀ ਮਾਇਆ ਵਾਲੀ ਸਾਰੀ ਭੁੱਖ ਤ੍ਰੇਹ ਲਹਿ ਗਈ ॥੪॥੬॥ਛਕਾ ੧ ॥
42218	986	ਮਾਲੀਗਉੜਾ ਮਹਲਾ ੫		Maalee Gourraa Mehalaa 5	Maalee Gauraa, Fifth Mehl:	ਰਾਗ ਮਾਲੀ-ਗਉੜਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
42219	986	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
42220	986	ਰੇ ਮਨ ਟਹਲ ਹਰਿ ਸੁਖ ਸਾਰ॥		Rae Man Ttehal Har Sukh Saar ||	O mind, true peace comes from serving the Lord.	ਹੇ (ਮੇਰੇ) ਮਨ! ਪਰਮਾਤਮਾ ਦੀ ਸੇਵਾ-ਭਗਤੀ ਅਸਲ ਸੁਖ ਦੇਣ ਵਾਲੀ ਹੈ।
42221	986	ਅਵਰ ਟਹਲਾ ਝੂਠੀਆ ਨਿਤ ਕਰੈ ਜਮੁ ਸਿਰਿ ਮਾਰ॥੧॥ਰਹਾਉ॥	ਟਹ-ਲਾਂ	Avar Ttehalaa Jhootheeaa Nith Karai Jam Sir Maar ||1|| Rehaao ||	Other services are false,and as punishment for them,the Messenger of Death bashes in one's head. ||1||Pause||	ਹੋਰ ਹੋਰ (ਲੋਕਾਂ ਦੀਆਂ) ਟਹਲਾਂ ਵਿਅਰਥ ਹਨ, (ਹੋਰ ਟਹਲਾਂ-ਖ਼ੁਸ਼ਾਮਦਾਂ ਦੇ ਕਾਰਨ) ਆਤਮਕ ਮੌਤ (ਮਨੁੱਖ ਦੇ) ਸਿਰ ਉਤੇ ਸਦਾ ਸਵਾਰ ਰਹਿੰਦੀ ਹੈ ॥੧॥ ਰਹਾਉ ॥
42222	986	ਜਿਨਾ ਮਸਤਕਿ ਲੀਖਿਆ ਤੇ ਮਿਲੇ ਸੰਗਾਰ॥		Jinaa Masathak Leekhiaa Thae Milae Sangaar ||	They alone join the Sangat, the Congregation, upon whose forehead such destiny is inscribed.	ਹੇ ਮਨ! ਜਿਨ੍ਹਾਂ ਮਨੁੱਖਾਂ ਦੇ ਮੱਥੇ ਉਤੇ (ਚੰਗਾ ਭਾਗ) ਲਿਖਿਆ ਹੁੰਦਾ ਹੈ ਉਹ ਸਤਸੰਗ ਵਿਚ ਮਿਲਦੇ ਹਨ,

42223	986	ਸੰਸਾਰੁ ਭਉਜਲੁ ਤਾਰਿਆ ਹਰਿ ਸੰਤ ਪੁਰਖ ਅਪਾਰ॥੧॥		Sansaar Bhoujal Thaariaa Har Santh Purakh Apaar ||1||	They are carried across the terrifying world-ocean by the Saints of the Infinite, Primal Lord God. ||1||	(ਸਤਸੰਗ ਵਿਚ) ਬੇਅੰਤ ਅਤੇ ਸਰਬ-ਵਿਆਪਕ ਹਰੀ ਦੇ ਸੰਤ ਜਨ (ਉਹਨਾਂ ਨੂੰ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦੇ ਹਨ ॥੧॥
42224	986	ਨਿਤ ਚਰਨ ਸੇਵਹੁ ਸਾਧ ਕੇ ਤਜਿ ਲੋਭ ਮੋਹ ਬਿਕਾਰ॥		Nith Charan Saevahu Saadhh Kae Thaj Lobh Moh Bikaar ||	Serve forever at the feet of the Holy; renounce greed, emotional attachment and corruption.	ਹੇ ਮਨ! ਲੋਭ ਮੋਹ ਆਦਿਕ ਵਿਕਾਰ ਛੱਡ ਕੇ ਸਦਾ ਗੁਰੂ ਦੇ ਚਰਨਾਂ ਉਤੇ ਪਿਆ ਰਹੁ।
42225	986	ਸਭ ਤਜਹੁ ਦੂਜੀ ਆਸੜੀ ਰਖੁ ਆਸ ਇਕ ਨਿਰੰਕਾਰ॥੨॥		Sabh Thajahu Dhoojee Aasarree Rakh Aas Eik Nirankaar ||2||	Abandon all other hopes, and rest your hopes in the One Formless Lord. ||2||	ਹੇ ਮਨ! ਪ੍ਰਭੂ ਤੋਂ ਬਿਨਾ ਕਿਸੇ ਹੋਰ ਦੀ ਕੋਝੀ ਆਸ ਛੱਡ ਦੇਹ। ਇਕ ਪਰਮਾਤਮਾ ਦੀ ਹੀ ਆਸ ਰੱਖ ॥੨॥
42226	986	ਇਕਿ ਭਰਮਿ ਭੂਲੇ ਸਾਕਤਾ ਬਿਨੁ ਗੁਰ ਅੰਧ ਅੰਧਾਰ॥		Eik Bharam Bhoolae Saakathaa Bin Gur Andhh Andhhaar ||	Some are faithless cynics, deluded by doubt; without the Guru, there is only pitch darkness.	ਹੇ ਮਨ! ਕਈ ਐਸੇ ਬੰਦੇ (ਜਗਤ ਵਿਚ) ਹਨ ਜੋ ਪਰਮਾਤਮਾ ਨਾਲੋਂ ਟੁੱਟੇ ਰਹਿੰਦੇ ਹਨ, ਤੇ (ਮਾਇਆ ਦੀ) ਭਟਕਣਾ ਵਿਚ ਪੈ ਕੇ ਕੁਰਾਹੇ ਪਏ ਰਹਿੰਦੇ ਹਨ, ਗੁਰੂ ਤੋਂ ਬਿਨਾ ਉਹ ਆਤਮਕ ਜੀਵਨ ਵਲੋਂ ਉੱਕਾ ਹੀ ਅੰਨ੍ਹੇ ਹੁੰਦੇ ਹਨ।

42227	986	ਧੁਰਿ ਹੋਵਨਾ ਸੁ ਹੋਇਆ ਕੋ ਨ ਮੇਟਣਹਾਰ॥੩॥		Dhhur Hovanaa S Hoeiaa Ko N Maettanehaar ||3||	Whatever is pre-ordained, comes to pass; no one can erase it. ||3||	(ਪਰ ਉਹਨਾਂ ਦੇ ਭੀ ਕੀਹ ਵੱਸ?) ਪ੍ਰਭੂ ਦੀ ਰਜ਼ਾ ਅਨੁਸਾਰ ਜੋ ਹੋਣਾ ਹੁੰਦਾ ਹੈ ਉਹੀ ਹੋ ਕੇ ਰਹਿੰਦਾ ਹੈ। ਉਸ ਹੋਣੀ ਨੂੰ ਕੋਈ ਭੀ ਜੀਵ ਮਿਟਾ ਨਹੀਂ ਸਕਦਾ ॥੩॥
42228	986	ਅਗਮ ਰੂਪੁ ਗੋਬਿੰਦ ਕਾ ਅਨਿਕ ਨਾਮ ਅਪਾਰ॥		Agam Roop Gobindh Kaa Anik Naam Apaar ||	The beauty of the Lord of the Universe is profound and unfathomable; the Names of the Infinite Lord are immunerable.	ਹੇ ਮਨ! ਪਰਮਾਤਮਾ ਦੀ ਹਸਤੀ ਅਪਹੁੰਚ ਹੈ, ਬੇਅੰਤ ਪ੍ਰਭੂ ਦੇ ਅਨੇਕਾਂ ਹੀ ਨਾਮ ਹਨ (ਉਸ ਦੇ ਅਨੇਕਾਂ ਗੁਣਾਂ ਦੇ ਕਾਰਨ)।
42229	986	ਧਨੁ ਧੰਨੁ ਤੇ ਜਨ ਨਾਨਕਾ ਜਿਨ ਹਰਿ ਨਾਮਾ ਉਰਿ ਧਾਰ॥੪॥੧॥		Dhhan Dhhann Thae Jan Naanakaa Jin Har Naamaa Our Dhhaar ||4||1||	Blessed, blessed are those humble beings, O Nanak, who enshrine the Lord's Name in their hearts. ||4||1||	ਹੇ ਨਾਨਕ! ਉਹ ਮਨੁੱਖ ਭਾਗਾਂ ਵਾਲੇ ਹਨ ਜਿਨ੍ਹਾਂ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਇਆ ਹੋਇਆ ਹੈ ॥੪॥੧॥
42230	986	ਮਾਲੀਗਉੜਾ ਮਹਲਾ ੫॥		Maalee Gourraa Mehalaa 5 ||	Maalee Gauraa, Fifth Mehl:	
42231	986	ਰਾਮ ਨਾਮ ਕਉ ਨਮਸਕਾਰ॥		Raam Naam Ko Namasakaar ||	I humbly bow to the Name of the Lord.	ਜਿਸ ਪਰਮਾਤਮਾ ਦਾ ਨਾਮ ਜਪਦਿਆਂ (ਸੰਸਾਰ-ਸਮੁੰਦਰ ਤੋਂ) ਪਾਰ ਉਤਾਰਾ ਹੋ ਜਾਂਦਾ ਹੈ,
42232	986	ਜਾਸੁ ਜਪਤ ਹੋਵਤ ਉਧਾਰ॥੧॥ਰਹਾਉ॥		Jaas Japath Hovath Oudhhaar ||1|| Rehaao ||	Chanting it, one is saved. ||1||Pause||	ਉਸ ਦੇ ਨਾਮ ਨੂੰ ਆਦਰ-ਸਤਕਾਰ ਨਾਲ ਆਪਣੇ ਹਿਰਦੇ ਵਿਚ ਵਸਾਈ ਰੱਖ ॥੧॥ ਰਹਾਉ ॥

42233	986	ਜਾ ਕੈ ਸਿਮਰਨਿ ਮਿਟਹਿ ਧੰਧ॥		Jaa Kai Simaran Mittehi Dhhandhh ||	Meditating on Him in remembrance, conflicts are ended.	ਜਿਸ ਦੇ ਸਿਮਰਨ ਨਾਲ ਮਾਇਆ ਦੇ ਜੰਜਾਲ ਮਿਟ ਜਾਂਦੇ ਹਨ (ਮਨ ਉਤੇ ਪ੍ਰਭਾਵ ਨਹੀਂ ਪਾ ਸਕਦੇ),
42234	986	ਜਾ ਕੈ ਸਿਮਰਨਿ ਛੂਟਹਿ ਬੰਧ॥		Jaa Kai Simaran Shhoottehi Bandhh ||	Meditating on Him, one's bonds are untied.	ਜਿਸ ਦੇ ਸਿਮਰਨ ਨਾਲ ਮੋਹ ਦੀਆਂ ਫਾਹੀਆਂ ਟੁੱਟ ਜਾਂਦੀਆਂ ਹਨ,
42235	986	ਜਾ ਕੈ ਸਿਮਰਨਿ ਮੂਰਖ ਚਤੁਰ॥		Jaa Kai Simaran Moorakh Chathur ||	Meditating on Him, the fool becomes wise.	ਜਿਸ ਦੇ ਸਿਮਰਨ ਨਾਲ ਮੂਰਖ ਬੰਦੇ ਭੀ ਸਿਆਣੇ ਹੋ ਜਾਂਦੇ ਹਨ,
42236	986	ਜਾ ਕੈ ਸਿਮਰਨਿ ਕੁਲਹ ਉਧਰ॥੧॥	ਕੁਲਹ: ਪੋਲਾ ਬੋਲੋ	Jaa Kai Simaran Kuleh Oudhhar ||1||	Meditating on Him, one's ancestors are saved. ||1||	ਜਿਸ ਦੇ ਸਿਮਰਨ ਨਾਲ ਸਾਰੀ ਕੁਲ ਦਾ ਹੀ ਪਾਰ-ਉਤਾਰਾ ਹੋ ਜਾਂਦਾ ਹੈ (ਉਸ ਨੂੰ ਸਦਾ ਨਮਸਕਾਰ ਕਰਦਾ ਰਹੁ) ॥੧॥
42237	986	ਜਾ ਕੈ ਸਿਮਰਨਿ ਭਉ ਦੁਖ ਹਰੈ॥		Jaa Kai Simaran Bho Dhukh Harai ||	Meditating on Him, fear and pain are taken away.	ਜਿਸ ਦੇ ਸਿਮਰਨ ਦੀ ਬਰਕਤਿ ਨਾਲ ਮਨੁੱਖ ਹਰੇਕ ਡਰ ਅਤੇ ਸਾਰੇ ਦੁੱਖ ਦੂਰ ਕਰ ਲੈਂਦਾ ਹੈ,
42238	986	ਜਾ ਕੈ ਸਿਮਰਨਿ ਅਪਦਾ ਟਰੈ॥		Jaa Kai Simaran Apadhaa Ttarai ||	Meditating on Him, misfortune is avoided.	ਜਿਸ ਦੇ ਸਿਮਰਨ ਨਾਲ (ਹਰੇਕ) ਬਿਪਤਾ (ਮਨੁੱਖ ਦੇ ਸਿਰ ਤੋਂ) ਟਲ ਜਾਂਦੀ ਹੈ,
42239	986	ਜਾ ਕੈ ਸਿਮਰਨਿ ਮੁਚਤ ਪਾਪ॥	ਮੁੱਚਤ	Jaa Kai Simaran Muchath Paap ||	Meditating on Him, sins are erased.	ਜਿਸ ਦੇ ਸਿਮਰਨ ਨਾਲ ਸਾਰੇ ਪਾਪਾਂ ਤੋਂ ਖ਼ਲਾਸੀ ਹੋ ਜਾਂਦੀ ਹੈ,
42240	986	ਜਾ ਕੈ ਸਿਮਰਨਿ ਨਹੀ ਸੰਤਾਪ॥੨॥		Jaa Kai Simaran Nehee Santhaap ||2||	Meditating on Him, agony is ended. ||2||	ਜਿਸ ਦੇ ਸਿਮਰਨ ਨਾਲ ਕੋਈ ਦੁੱਖ-ਕਲੇਸ਼ ਪੋਹ ਨਹੀਂ ਸਕਦੇ (ਉਸ ਨੂੰ ਸਦਾ ਸਿਰ ਨਿਵਾਂਦਾ ਰਹੁ) ॥੨॥

42241	986	ਜਾ ਕੈ ਸਿਮਰਨਿ ਰਿਦ ਬਿਗਾਸ॥		Jaa Kai Simaran Ridh Bigaas ||	Meditating on Him, the heart blossoms forth.	ਜਿਸ ਦਾ ਸਿਮਰਨ ਕਰਨ ਨਾਲ ਹਿਰਦਾ ਖਿੜਿਆ ਰਹਿੰਦਾ ਹੈ,
42242	986	ਜਾ ਕੈ ਸਿਮਰਨਿ ਕਵਲਾ ਦਾਸਿ॥		Jaa Kai Simaran Kavalaa Dhaas ||	Meditating on Him, Maya becomes one's slave.	ਜਿਸ ਦਾ ਸਿਮਰਨ ਕਰਨ ਨਾਲ ਮਾਇਆ (ਭੀ) ਦਾਸੀ ਬਣ ਜਾਂਦੀ ਹੈ,
42243	986	ਜਾ ਕੈ ਸਿਮਰਨਿ ਨਿਧਿ ਨਿਧਾਨ॥		Jaa Kai Simaran Nidhh Nidhhaan ||	Meditating on Him, one is blessed with the treasures of wealth.	ਜਿਸ ਦਾ ਸਿਮਰਨ ਕਰਨ ਨਾਲ (ਇਸ ਲੋਕ ਵਿਚ, ਮਾਨੋ) ਸਾਰੀਆਂ ਨਿਧੀਆਂ ਤੇ ਸਾਰੇ ਖ਼ਜ਼ਾਨੇ (ਮਿਲ ਜਾਂਦੇ ਹਨ),
42244	986	ਜਾ ਕੈ ਸਿਮਰਨਿ ਤਰੇ ਨਿਦਾਨ॥੩॥		Jaa Kai Simaran Tharae Nidhaan ||3||	Meditating on Him, one crosses over in the end. ||3||	ਤੇ ਜਿਸ ਦਾ ਸਿਮਰਨ ਕਰਨ ਨਾਲ ਅੰਤ ਵੇਲੇ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ (ਉਸ ਨੂੰ ਸਦਾ ਸਿਮਰਦਾ ਰਹੁ) ॥੩॥
42245	986	ਪਤਿਤ ਪਾਵਨੁ ਨਾਮੁ ਹਰੀ॥		Pathith Paavan Naam Haree ||	The Name of the Lord is the Purifier of sinners.	ਪਰਮਾਤਮਾ ਦਾ ਨਾਮ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ ਹੈ,
42246	986	ਕੋਟਿ ਭਗਤ ਉਧਾਰੁ ਕਰੀ॥		Kott Bhagath Oudhhaar Karee ||	It saves millions of devotees.	ਹਰਿ-ਨਾਮ ਕ੍ਰੋੜਾਂ ਭਗਤਾਂ ਦਾ ਉਦਾਰ ਕਰਦਾ ਹੈ।
42247	986	ਹਰਿ ਦਾਸ ਦਾਸਾ ਦੀਨੁ ਸਰਨ॥		Har Dhaas Dhaasaa Dheen Saran ||	I am meek; I seek the Sanctuary of the slaves of the Lord's slaves.	ਇਹ ਨਿਮਾਣਾ ਭੀ ਪ੍ਰਭੂ ਦੇ ਦਾਸਾਂ ਦੇ ਦਾਸਾਂ ਦੀ ਸਰਨ ਆਇਆ ਹੈ (ਤਾ ਕਿ ਨਾਨਕ ਨੂੰ ਭੀ ਪਰਮਾਤਮਾ ਦਾ ਨਾਮ ਮਿਲ ਜਾਏ)।

42248	986	ਨਾਨਕ ਮਾਥਾ ਸੰਤ ਚਰਨ॥੪॥੨॥		Naanak Maathhaa Santh Charan ||4||2||	Nanak lays his forehead on the feet of the Saints. ||4||2||	ਨਾਨਕ ਦਾ ਮੱਥਾ ਸੰਤਾਂ ਦੇ ਚਰਨਾਂ ਉਤੇ ਪਿਆ ਹੈ ॥੪॥੨॥
42249	986	ਮਾਲੀਗਉੜਾ ਮਹਲਾ ੫॥		Maalee Gourraa Mehalaa 5 ||	Maalee Gauraa, Fifth Mehl:	
42250	986	ਐਸੋ ਸਹਾਈ ਹਰਿ ਕੋ ਨਾਮ॥		Aiso Sehaaee Har Ko Naam ||	This is the sort of helper the Name of the Lord is.	ਪਰਮਾਤਮਾ ਦਾ ਨਾਮ ਇਹੋ ਜਿਹਾ ਮਦਦਗਾਰ ਹੈ (ਜਿਵੇ ਅਗਾਂਹ ਦੱਸਿਆ ਜਾ ਰਿਹਾ ਹੈ),
42251	986	ਸਾਧਸੰਗਤਿ ਭਜੁ ਪੂਰਨ ਕਾਮ॥੧॥ਰਹਾਉ॥	ਭਜੁ: ਪੋਲਾ ਬੋਲੋ	Saadhhasangath Bhaj Pooran Kaam ||1|| Rehaao ||	Meditating in the Saadh Sangat, the Company of the Holy, one's affairs are perfectly resolved. ||1||Pause||	(ਇਸ ਨੂੰ ਜਪ ਕੇ) ਤੇਰੇ ਸਾਰੇ ਮਨੋਰਥ ਪੂਰੇ ਹੁੰਦੇ ਰਹਿਣਗੇ। (ਇਸ ਲਈ) ਸਾਧ ਸੰਗਤ ਵਿਚ (ਟਿਕ ਕੇ) ਪਰਮਾਤਮਾ ਦਾ ਨਾਮ ਜਪਿਆ ਕਰ। ॥੧॥ ਰਹਾਉ ॥
42252	986	ਬੂਡਤ ਕਉ ਜੈਸੇ ਬੇੜੀ ਮਿਲਤ॥		Booddath Ko Jaisae Baerree Milath ||	It is like a boat to a drowning man.	(ਪਰਮਾਤਮਾ ਦਾ ਨਾਮ ਇਉਂ ਸਹਾਈ ਹੁੰਦਾ ਹੈ) ਜਿਵੇਂ ਡੁੱਬ ਰਹੇ ਨੂੰ ਬੇੜੀ ਮਿਲ ਜਾਏ,
42253	987	ਬੂਝਤ ਦੀਪਕ ਮਿਲਤ ਤਿਲਤ॥	(ਤਿਲਤ) ਤੇਲ। ਬੂਝਤ, ਤਿਲ-ਤ: ਪੋਲੇ ਬੋਲੋ	Boojhath Dheepak Milath Thilath ||	It is like oil to the lamp whose flame is dying out.	ਜਿਵੇਂ ਬੁੱਝ ਰਹੇ ਦੀਵੇ ਨੂੰ ਤੇਲ ਮਿਲ ਜਾਏ,
42254	987	ਜਲਤ ਅਗਨੀ ਮਿਲਤ ਨੀਰ॥		Jalath Aganee Milath Neer ||	It is like water poured on the burning fire.	ਜਿਵੇਂ ਅੱਗ ਵਿਚ ਸੜ ਰਹੇ ਨੂੰ ਪਾਣੀ ਮਿਲ ਜਾਏ,
42255	987	ਜੈਸੇ ਬਾਰਿਕ ਮੁਖਹਿ ਖੀਰ॥੧॥		Jaisae Baarik Mukhehi Kheer ||1||	It is like milk poured into the baby's mouth. ||1||	ਜਿਵੇਂ (ਭੁੱਖ ਨਾਲ ਵਿਲਕ ਰਹੇ) ਬੱਚੇ ਦੇ ਮੂੰਹ ਵਿਚ ਦੁੱਧ ਪੈ ਜਾਏ ॥੧॥

42256	987	ਜੈਸੇ ਰਣ ਮਹਿ ਸਖਾ ਭ੍ਰਾਤ॥		Jaisae Ran Mehi Sakhaa Bhraath ||	As one's brother becomes a helper on the field of battle;	(ਪਰਮਾਤਮਾ ਦਾ ਨਾਮ ਇਉਂ ਸਹਾਈ ਹੁੰਦਾ ਹੈ) ਜਿਵੇਂ ਜੁੱਧ ਵਿਚ ਭਰਾ ਸਹਾਈ ਹੁੰਦਾ ਹੈ,
42257	987	ਜੈਸੇ ਭੂਖੇ ਭੋਜਨ ਮਾਤ॥		Jaisae Bhookhae Bhojan Maath ||	As one's hunger is satisfied by food;	ਜਿਵੇਂ ਕਿਸੇ ਭੁੱਖੇ ਨੂੰ ਭੋਜਨ ਹੀ ਸਹਾਈ ਹੁੰਦਾ ਹੈ,
42258	987	ਜੈਸੇ ਕਿਰਖਹਿ ਬਰਸ ਮੇਘ॥	(ਕਿਰਖਹਿ) ਖੇਤੀ	Jaisae Kirakhehi Baras Maegh ||	As the cloudburst saves the crops;	ਜਿਵੇਂ ਖੇਤੀ ਨੂੰ ਬੱਦਲ ਦਾ ਵਰ੍ਹਨਾ,
42259	987	ਜੈਸੇ ਪਾਲਨ ਸਰਨਿ ਸੇਂਘ॥੨॥		Jaisae Paalan Saran Saenagh ||2||	As one is protected in the tiger's lair;||2||	ਜਿਵੇਂ (ਕਿਸੇ ਅਨਾਥ ਨੂੰ) ਸ਼ੇਰ (ਬਹਾਦਰ) ਦੀ ਸਰਨ ਵਿਚ ਰੱਖਿਆ ਮਿਲਦੀ ਹੈ ॥੨॥
42260	987	ਗਰੁੜ ਮੁਖਿ ਨਹੀ ਸਰਪ ਤ੍ਰਾਸ॥		Garurr Mukh Nehee Sarap Thraas ||	As with the magic spell of Garuda the eagle upon one's lips, one does not fear the snake;	(ਪ੍ਰਭੂ ਦਾ ਨਾਮ ਇਉਂ ਸਹਾਈ ਹੁੰਦਾ ਹੈ) ਜਿਵੇਂ ਜਿਸ ਦੇ ਮੂੰਹ ਵਿਚ ਗਾਰੁੜ ਮੰਤਰ ਹੋਵੇ ਉਸ ਨੂੰ ਸੱਪ ਦਾ ਡਰ ਨਹੀਂ ਹੁੰਦਾ,
42261	987	ਸੂਆ ਪਿੰਜਰਿ ਨਹੀ ਖਾਇ ਬਿਲਾਸੁ॥		Sooaa Pinjar Nehee Khaae Bilaas ||	As the cat cannot eat the parrot in its cage;	ਜਿਵੇਂ ਪਿੰਜਰੇ ਵਿਚ ਬੈਠੇ ਤੋਤੇ ਨੂੰ ਬਿੱਲਾ ਨਹੀਂ ਖਾ ਸਕਦਾ,
42262	987	ਜੈਸੋ ਆਂਡੋ ਹਿਰਦੇ ਮਾਹਿ॥		Jaiso Aanddo Hiradhae Maahi ||	As the bird cherishes her eggs in her heart;	ਜਿਵੇਂ ਕੂੰਜ ਦੇ ਚੇਤੇ ਵਿਚ ਟਿਕੇ ਹੋਏ ਉਸ ਦੇ ਆਂਡੇ (ਖ਼ਰਾਬ ਨਹੀਂ ਹੁੰਦੇ),
42263	987	ਜੈਸੋ ਦਾਨੋ ਚਕੀ ਦਰਾਹਿ॥੩॥	ਦਾਨੋ: ਪੋਲਾ ਬੋਲੋ, ਚੱਕੀ	Jaiso Dhaano Chakee Dharaahi ||3||	As the grains are spared, by sticking to the central post of the mill;||3||	ਜਿਵੇਂ ਦਾਣੇ ਚੱਕੀ ਦੀ ਕਿੱਲੀ ਨਾਲ (ਟਿਕੇ ਹੋਏ ਪੀਸਣੋਂ ਬਚੇ ਰਹਿੰਦੇ ਹਨ) ॥੩॥

42264	987	ਬਹੁਤੁ ਓਪਮਾ ਥੋਰ ਕਹੀ॥		Bahuth Oupamaa Thhor Kehee ||	Your Glory is so great; I can describe only a tiny bit of it.	ਮੈਂ ਤਾਂ ਇਹ ਥੋੜ੍ਹੇ ਜਿਹੇ ਦ੍ਰਿਸ਼ਟਾਂਤ ਹੀ ਦੱਸੇ ਹਨ, ਬਥੇਰੇ ਦੱਸੇ ਜਾ ਸਕਦੇ ਹਨ (ਕਿ ਪਰਮਾਤਮਾ ਦਾ ਨਾਮ ਸਹਾਇਤਾ ਕਰਦਾ ਹੈ)।
42265	987	ਹਰਿ ਅਗਮ ਅਗਮ ਅਗਾਧਿ ਤੁਹੀ॥		Har Agam Agam Agaadhh Thuhee ||	O Lord, You are inaccessible, unapproachable and unfathomable.	ਹੇ ਅਪਹੁੰਚ ਹਰੀ! ਹੇ ਅਥਾਹ ਹਰੀ! ਤੂੰ ਹੀ (ਜੀਵਾਂ ਦਾ ਰੱਖਿਅਕ ਹੈਂ)।
42266	987	ਊਚ ਮੂਚੌ ਬਹੁ ਅਪਾਰ॥		Ooch Moocha Bahu Apaar ||	You are lofty and high, utterly great and infinite.	ਹੇ ਹਰੀ! ਤੂੰ ਉੱਚਾ ਹੈਂ, ਤੂੰ ਵੱਡਾ ਹੈਂ, ਤੂੰ ਬੇਅੰਤ ਹੈਂ।
42267	987	ਸਿਮਰਤ ਨਾਨਕ ਤਰੇ ਸਾਰ॥੪॥੩॥		Simarath Naanak Tharae Saar ||4||3||	Meditating in remembrance on the Lord, O Nanak, one is carried across. ||4||3||	ਹੇ ਨਾਨਕ! ਨਾਮ ਸਿਮਰਦਿਆਂ ਪਾਪਾਂ ਨਾਲ ਲੋਹੇ ਵਾਂਗ ਭਾਰੇ ਹੋਏ ਜੀਵ ਭੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ ॥੪॥੩॥
42268	987	ਮਾਲੀਗਉੜਾ ਮਹਲਾ ੫॥		Maalee Gourraa Mehalaa 5 ||	Maalee Gauraa, Fifth Mehl:	
42269	987	ਇਹੀ ਹਮਾਰੈ ਸਫਲ ਕਾਜ॥		Eihee Hamaarai Safal Kaaj ||	Please let my works be rewarding and fruitful.	ਇਹ (ਸੰਤ-ਸਰਨ) ਹੀ ਮੇਰੇ ਵਾਸਤੇ ਮੇਰੇ ਮਨੋਰਥਾਂ ਨੂੰ ਸਫਲ ਕਰਨ ਵਾਲੀ ਹੈ।
42270	987	ਅਪੁਨੇ ਦਾਸ ਕਉ ਲੇਹੁ ਨਿਵਾਜਿ॥੧॥ਰਹਾਉ॥		Apunae Dhaas Ko Laehu Nivaaj ||1|| Rehaao ||	Please cherish and exalt Your slave. ||1||Pause||	ਹੇ ਪ੍ਰਭੂ! ਆਪਣੇ ਦਾਸ (ਨਾਨਕ) ਉਤੇ ਮਿਹਰ ਕਰ (ਤੇ ਸੰਤ ਜਨਾਂ ਦੀ ਸਰਨ ਬਖ਼ਸ਼) ॥੧॥ ਰਹਾਉ॥

42271	987	ਚਰਨ ਸੰਤਹ ਮਾਥ ਮੋਰ॥		Charan Santheh Maathh Mor ||	I lay my forehead on the feet of the Saints,	(ਹੇ ਪ੍ਰਭੂ! ਮਿਹਰ ਕਰ) ਮੇਰਾ ਮੱਥਾ ਸੰਤਾਂ ਦੇ ਚਰਨਾਂ ਉਤੇ (ਪਿਆ ਰਹੇ),
42272	987	ਨੈਨਿ ਦਰਸੁ ਪੇਖਉ ਨਿਸਿ ਭੋਰ॥		Nain Dharas Paekho Nis Bhor ||	And with my eyes, I gaze upon the Blessed Vision of their Darshan, day and night.	ਅੱਖਾਂ ਨਾਲ ਮੈਂ ਦਿਨ ਰਾਤ ਸੰਤਾਂ ਦਾ ਦਰਸ਼ਨ ਕਰਦਾ ਰਹਾਂ,
42273	987	ਹਸਤ ਹਮਰੇ ਸੰਤ ਟਹਲ॥		Hasath Hamarae Santh Ttehal ||	With my hands, I work for the Saints.	ਮੇਰੇ ਹੱਥ ਸੰਤਾਂ ਦੀ ਟਹਿਲ ਕਰਦੇ ਰਹਿਣ,
42274	987	ਪ੍ਰਾਨ ਮਨੁ ਧਨੁ ਸੰਤ ਬਹਲ॥੧॥		Praan Man Dhhan Santh Behal ||1||	I dedicate my breath of life, my mind and wealth to the Saints. ||1||	ਮੇਰੀ ਜਿੰਦ ਮੇਰਾ ਮਨ ਮੇਰਾ ਧਨ ਸੰਤਾਂ ਦੇ ਅਰਪਨ ਰਹੇ ॥੧॥
42275	987	ਸੰਤਸੰਗਿ ਮੇਰੇ ਮਨ ਕੀ ਪ੍ਰੀਤਿ॥		Santhasang Maerae Man Kee Preeth ||	My mind loves the Society of the Saints.	(ਹੇ ਪ੍ਰਭੂ!) ਮਿਹਰ ਕਰ) ਸੰਤਾਂ ਨਾਲ ਮੇਰੇ ਮਨ ਦਾ ਪਿਆਰ ਬਣਿਆ ਰਹੇ,
42276	987	ਸੰਤ ਗੁਨ ਬਸਹਿ ਮੇਰੈ ਚੀਤਿ॥		Santh Gun Basehi Maerai Cheeth ||	The Virtues of the Saints abide within my consciousness.	ਸੰਤਾਂ ਦੇ ਗੁਣ ਮੇਰੇ ਚਿੱਤ ਵਿਚ ਵੱਸੇ ਰਹਿਣ,
42277	987	ਸੰਤ ਆਗਿਆ ਮਨਹਿ ਮੀਠ॥		Santh Aagiaa Manehi Meeth ||	The Will of the Saints is sweet to my mind.	ਸੰਤਾਂ ਦਾ ਹੁਕਮ ਮੈਨੂੰ ਮਿੱਠਾ ਲੱਗੇ,
42278	987	ਮੇਰਾ ਕਮਲੁ ਬਿਗਸੈ ਸੰਤ ਡੀਠ॥੨॥		Maeraa Kamal Bigasai Santh Ddeeth ||2||	Seeing the Saints, my heart-lotus blossoms forth. ||2||	ਸੰਤਾਂ ਨੂੰ ਵੇਖ ਕੇ ਮੇਰਾ ਹਿਰਦਾ-ਕੰਵਲ ਖਿੜਿਆ ਰਹੇ ॥੨॥

42279	987	ਸੰਤਸੰਗਿ ਮੇਰਾ ਹੋਇ ਨਿਵਾਸੁ॥		Santhasang Maeraa Hoe Nivaas ||	I dwell in the Society of the Saints.	(ਹੇ ਪ੍ਰਭੂ! ਮਿਹਰ ਕਰ) ਸੰਤਾਂ ਨਾਲ ਮੇਰਾ ਬਹਿਣ-ਖਲੋਣ ਬਣਿਆ ਰਹੇ,
42280	987	ਸੰਤਨ ਕੀ ਮੋਹਿ ਬਹੁਤੁ ਪਿਆਸ॥		Santhan Kee Mohi Bahuth Piaas ||	I have such a great thirst for the Saints.	ਸੰਤਾਂ ਦੇ ਦਰਸ਼ਨ ਦੀ ਤਾਂਘ ਮੇਰੇ ਅੰਦਰ ਟਿਕੀ ਰਹੇ,
42281	987	ਸੰਤ ਬਚਨ ਮੇਰੇ ਮਨਹਿ ਮੰਤ॥		Santh Bachan Maerae Manehi Manth ||	The Words of the Saints are the Mantras of my mind.	ਸੰਤਾਂ ਦੇ ਬਚਨ-ਮੰਤ੍ਰ ਮੇਰੇ ਮਨ ਵਿਚ ਟਿਕੇ ਰਹਿਣ,
42282	987	ਸੰਤ ਪ੍ਰਸਾਦਿ ਮੇਰੇ ਬਿਖੈ ਹੰਤ॥੩॥		Santh Prasaadh Maerae Bikhai Hanth ||3||	By the Grace of the Saints, my corruption is taken away. ||3||	ਸੰਤਾਂ ਦੀ ਕਿਰਪਾ ਨਾਲ ਮੇਰੇ ਸਾਰੇ ਵਿਕਾਰ ਨਾਸ ਹੋ ਜਾਣ ॥੩॥
42283	987	ਮੁਕਤਿ ਜੁਗਤਿ ਏਹਾ ਨਿਧਾਨ॥		Mukath Jugath Eaehaa Nidhhaan ||	This way of liberation is my treasure.	ਸੰਤਾਂ ਦੀ ਸੰਗਤ ਹੀ ਮੇਰੇ ਵਾਸਤੇ ਸਾਰੇ ਖ਼ਜ਼ਾਨੇ ਹਨ।
42284	987	ਪ੍ਰਭ ਦਇਆਲ ਮੋਹਿ ਦੇਵਹੁ ਦਾਨ॥		Prabh Dhaeiaal Mohi Dhaevahu Dhaan ||	O Merciful God, please bless me with this gift.	ਹੇ ਦਇਆ ਦੇ ਘਰ ਪ੍ਰਭੂ! ਮੈਨੂੰ (ਸੰਤ ਜਨਾਂ ਦੀ ਸੰਗਤ ਦਾ) ਦਾਨ ਦੇਹ,
42285	987	ਨਾਨਕ ਕਉ ਪ੍ਰਭ ਦਇਆ ਧਾਰਿ॥		Naanak Ko Prabh Dhaeiaa Dhhaar ||	O God, shower Your Mercy upon Nanak.	ਹੇ ਪ੍ਰਭੂ! ਨਾਨਕ ਉੱਤੇ ਦਇਆ ਕਰ ਕਿ ਸੰਤਾਂ ਦੇ ਚਰਨ ਮੈਂ ਨਾਨਕ ਦੇ ਹਿਰਦੇ ਵਿਚ ਵੱਸੇ ਰਹਿਣ,
42286	987	ਚਰਨ ਸੰਤਨ ਕੇ ਮੇਰੇ ਰਿਦੇ ਮਝਾਰਿ॥੪॥੪॥		Charan Santhan Kae Maerae Ridhae Majhaar ||4||4||	I have enshrined the feet of the Saints within my heart. ||4||4||	(ਕਿਉਂਕਿ) ਸੰਤਾਂ ਦਾ ਸੰਗ ਕਰਨਾ ਹੀ ਵਿਕਾਰਾਂ ਤੋਂ ਮੁਕਤੀ ਪ੍ਰਾਪਤ ਕਰਨ ਦਾ ਤਰੀਕਾ ਹੈ ॥੪॥੪॥
42287	987	ਮਾਲੀਗਉੜਾ ਮਹਲਾ ੫॥		Maalee Gourraa Mehalaa 5 ||	Maalee Gauraa, Fifth Mehl:	

42288	987	ਸਭ ਕੈ ਸੰਗੀ ਨਾਹੀ ਦੂਰਿ॥		Sabh Kai Sangee Naahee Dhoor ||	He is with all; He is not far away.	ਪਰਮਾਤਮਾ ਸਭਨਾਂ ਜੀਵਾਂ ਦੇ ਨਾਲ ਵੱਸਦਾ ਹੈ, ਕਿਸੇ ਤੋਂ ਭੀ ਦੂਰ ਨਹੀਂ ਹੈ।
42289	987	ਕਰਨ ਕਰਾਵਨ ਹਾਜਰਾ ਹਜੂਰਿ॥੧॥ਰਹਾਉ॥		Karan Karaavan Haajaraa Hajoor ||1|| Rehaao ||	He is the Cause of causes, ever-present here and now. ||1||Pause||	ਉਹ ਆਪ ਸਭ ਕੁਝ ਕਰ ਸਕਦਾ ਹੈ ਜੀਵਾਂ ਪਾਸੋਂ ਕਰਾ ਸਕਦਾ ਹੈ, ਉਹ ਹਰ ਥਾਂ ਮੌਜੂਦ ਹੈ ॥੧॥ ਰਹਾਉ ॥
42290	987	ਸੁਨਤ ਜੀਓ ਜਾਸੁ ਨਾਮੁ॥		Sunath Jeeou Jaas Naam ||	Hearing His Name, one comes to life.	ਜਿਸ ਪਰਮਾਤਮਾ ਦਾ ਨਾਮ ਸੁਣਦਿਆਂ ਆਤਮਕ ਜੀਵਨ ਮਿਲਦਾ ਹੈ,
42291	987	ਦੁਖ ਬਿਨਸੇ ਸੁਖ ਕੀਓ ਬਿਸ੍ਰਾਮੁ॥		Dhukh Binasae Sukh Keeou Bisraam ||	Pain is dispelled; peace and tranquility come to dwell within.	ਸਾਰੇ ਦੁੱਖ ਦੂਰ ਹੋ ਜਾਂਦੇ ਹਨ ਅਤੇ (ਹਿਰਦੇ ਵਿਚ) ਸੁਖ ਟਿਕਾਣਾ ਆ ਬਣਾਂਦੇ ਹਨ।
42292	987	ਸਗਲ ਨਿਧਿ ਹਰਿ ਹਰਿ ਹਰੇ॥		Sagal Nidhh Har Har Harae ||	The Lord, Har, Har, is all treasure.	(ਸੰਸਾਰ ਦੇ) ਸਾਰੇ ਹੀ ਖ਼ਜ਼ਾਨੇ ਉਸ ਪਰਮਾਤਮਾ ਦੇ ਪਾਸ ਹਨ।
42293	987	ਮੁਨਿ ਜਨ ਤਾ ਕੀ ਸੇਵ ਕਰੇ॥੧॥		Mun Jan Thaa Kee Saev Karae ||1||	The silent sages serve Him. ||1||	ਸਭ ਰਿਸ਼ੀ ਮੁਨੀ ਉਸੇ ਦੀ ਭਗਤੀ ਕਰਦੇ ਹਨ ॥੧॥
42294	987	ਜਾ ਕੈ ਘਰਿ ਸਗਲੇ ਸਮਾਹਿ॥		Jaa Kai Ghar Sagalae Samaahi ||	Everything is contained in His home.	ਜਿਸ ਦੇ ਘਰ ਵਿਚ ਸਾਰੇ ਹੀ (ਖ਼ਜ਼ਾਨੇ) ਟਿਕੇ ਹੋਏ ਹਨ,
42295	987	ਜਿਸ ਤੇ ਬਿਰਥਾ ਕੋਇ ਨਾਹਿ॥		Jis Thae Birathhaa Koe Naahi ||	No one is turned away empty-handed.	ਜਿਸ (ਦੇ ਦਰ) ਤੋਂ ਕੋਈ ਜੀਵ ਖ਼ਾਲੀ ਨਹੀਂ ਜਾਂਦਾ,

42296	987	ਜੀਅ ਜੰਤ੍ਰ ਕਰੇ ਪ੍ਰਤਿਪਾਲ॥		Jeea Janthr Karae Prathipaal ||	He cherishes all beings and creatures.	ਜੋ ਸਭ ਜੀਵਾਂ ਦੀ ਪਾਲਣਾ ਕਰਦਾ ਹੈ,
42297	987	ਸਦਾ ਸਦਾ ਸੇਵਹੁ ਕਿਰਪਾਲ॥੨॥		Sadhaa Sadhaa Saevahu Kirapaal ||2||	Forever and ever, serve the Merciful Lord. ||2||	ਉਸ ਕਿਰਪਾਲ ਪ੍ਰਭੂ ਦੀ ਭਗਤੀ ਸਦਾ ਹੀ ਕਰਦੇ ਰਹੋ ॥੨॥
42298	987	ਸਦਾ ਧਰਮੁ ਜਾ ਕੈ ਦੀਬਾਣਿ॥		Sadhaa Dharam Jaa Kai Dheebaan ||	Righteous justice is dispensed in His Court forever.	ਜਿਸ ਦੀ ਕਚਹਿਰੀ ਵਿਚ ਸਦਾ ਨਿਆਂ ਹੁੰਦਾ ਹੈ,
42299	987	ਬੇਮੁਹਤਾਜ ਨਹੀ ਕਿਛੁ ਕਾਣਿ॥		Baemuhathaaj Nehee Kishh Kaan ||	He is carefree, and owes allegiance to no one.	ਜੋ ਬੇ-ਮੁਥਾਜ ਹੈ ਜਿਸ ਨੂੰ ਕਿਸੇ ਦੀ ਮੁਥਾਜੀ ਨਹੀਂ,
42300	987	ਸਭ ਕਿਛੁ ਕਰਨਾ ਆਪਨ ਆਪਿ॥		Sabh Kishh Karanaa Aapan Aap ||	He Himself, by Himself, does everything.	ਜੋ ਆਪ ਹੀ ਸਭ ਕੁਝ ਕਰਨ ਦੇ ਸਮਰੱਥ ਹੈ,
42301	987	ਰੇ ਮਨ ਮੇਰੇ ਤੂ ਤਾ ਕਉ ਜਾਪਿ॥੩॥		Rae Man Maerae Thoo Thaa Ko Jaap ||3||	O my mind, meditate on Him. ||3||	ਹੇ ਮੇਰੇ ਮਨ! ਤੂੰ ਉਸ ਪ੍ਰਭੂ ਦਾ ਨਾਮ ਜਪਿਆ ਕਰ ॥੩॥
42302	987	ਸਾਧਸੰਗਤਿ ਕਉ ਹਉ ਬਲਿਹਾਰ॥		Saadhhasangath Ko Ho Balihaar ||	I am a sacrifice to the Saadh Sangat, the Company of the Holy.	ਮੈਂ ਗੁਰੂ ਦੀ ਸੰਗਤ ਤੋਂ ਕੁਰਬਾਨ ਜਾਂਦਾ ਹਾਂ,
42303	987	ਜਾਸੁ ਮਿਲਿ ਹੋਵੈ ਉਧਾਰੁ॥		Jaas Mil Hovai Oudhhaar ||	Joining them, I am saved.	ਜਿਸ ਨੂੰ ਮਿਲ ਕੇ (ਪਰਮਾਤਮਾ ਦਾ ਨਾਮ ਮਿਲਦਾ ਹੈ, ਅਤੇ ਸੰਸਾਰ-ਸਮੁੰਦਰ ਤੋਂ) ਪਾਰ-ਉਤਾਰਾ ਹੋ ਜਾਂਦਾ ਹੈ।

42304	987	ਨਾਮ ਸੰਗਿ ਮਨ ਤਨਹਿ ਰਾਤ॥		Naam Sang Man Thanehi Raath ||	My mind and body are attuned to the Naam, the Name of the Lord.	ਪ੍ਰਭੂ ਨੇ (ਗੁਰੂ ਦੀ ਰਾਹੀਂ) ਜਿਸ ਮਨੁੱਖ ਨੂੰ (ਨਾਮ ਦੀ) ਦਾਤ ਬਖ਼ਸ਼ੀ, ਉਹ ਨਾਮ ਨਾਲ ਰੰਗਿਆ ਰਹਿੰਦਾ ਹੈ।
42305	987	ਨਾਨਕ ਕਉ ਪ੍ਰਭਿ ਕਰੀ ਦਾਤਿ॥੪॥੫॥		Naanak Ko Prabh Karee Dhaath ||4||5||	God has blessed Nanak with this gift. ||4||5||	ਹੇ ਨਾਨਕ! ਉਸ ਦੇ ਮਨ ਵਿਚ ਤਨ ਵਿਚ ਨਾਮ (ਵੱਸਿਆ ਰਹਿੰਦਾ ਹੈ) ॥੪॥੫॥
42306	987	ਮਾਲੀਗਉੜਾ ਮਹਲਾ ੫ ਦੁਪਦੇ	ਦੁ-ਪਦੇ	Maalee Gourraa Mehalaa 5 Dhupadhae	Maalee Gauraa, Fifth Mehl, Du-Padas:	ਰਾਗ ਮਾਲੀ-ਗਉੜਾ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
42307	987	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
42308	987	ਹਰਿ ਸਮਰਥ ਕੀ ਸਰਨਾ॥	ਸਮਰੱਥ	Har Samarathh Kee Saranaa ||	I seek the Sanctuary of the all-powerful Lord.	ਮੈਂ ਤਾਂ ਉਸ ਪਰਮਾਤਮਾ ਦੀ ਸਰਨ ਪਿਆ ਹਾਂ ਜੋ ਸਭ ਤਾਕਤਾਂ ਦਾ ਮਾਲਕ ਹੈ।
42309	987	ਜੀਉ ਪਿੰਡੁ ਧਨੁ ਰਾਸਿ ਮੇਰੀ ਪ੍ਰਭ ਏਕ ਕਾਰਨ ਕਰਨਾ॥੧॥ਰਹਾਉ॥		Jeeo Pindd Dhhan Raas Maeree Prabh Eaek Kaaran Karanaa ||1|| Rehaao ||	My soul, body, wealth and capital belong to the One God, the Cause of causes. ||1||Pause||	ਮੇਰੀ ਜਿੰਦ, ਮੇਰਾ ਸਰੀਰ, ਮੇਰਾ ਧਨ, ਮੇਰਾ ਸਰਮਾਇਆ-ਸਭ ਕੁਝ ਉਹ ਪਰਮਾਤਮਾ ਹੀ ਹੈ ਜੋ ਸਾਰੇ ਜਗਤ ਦਾ ਮੂਲ ਹੈ ॥੧॥ ਰਹਾਉ ॥

42310	987	ਸਿਮਰਿ ਸਿਮਰਿ ਸਦਾ ਸੁਖੁ ਪਾਈਐ ਜੀਵਣੈ ਕਾ ਮੂਲੁ॥		Simar Simar Sadhaa Sukh Paaeeai Jeevanai Kaa Mool ||	Meditating, meditating in remembrance on Him, I have found everlasting peace. He is the source of life.	ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਸਦਾ ਆਤਮਕ ਆਨੰਦ ਹਾਸਲ ਕਰਦਾ ਹੈ, ਹਰਿ-ਨਾਮ ਹੀ ਜ਼ਿੰਦਗੀ ਦਾ ਸਹਾਰਾ ਹੈ।
42311	987	ਰਵਿ ਰਹਿਆ ਸਰਬਤ ਠਾਈ ਸੂਖਮੋ ਅਸਥੂਲ॥੧॥	ਸਰਬੱਤ	Rav Rehiaa Sarabath Thaaee Sookhamo Asathhool ||1||	He is all-pervading, permeating all places; He is in subtle essence and manifest form. ||1||	ਇਹਨਾਂ ਦਿੱਸਦੇ ਅਣਦਿੱਸਦੇ ਪਦਾਰਥਾਂ ਵਿਚ ਸਭਨੀਂ ਥਾਈਂ ਪਰਮਾਤਮਾ ਹੀ ਮੌਜੂਦ ਹੈ ॥੧॥
42312	988	ਆਲ ਜਾਲ ਬਿਕਾਰ ਤਜਿ ਸਭਿ ਹਰਿ ਗੁਨਾ ਨਿਤਿ ਗਾਉ॥		Aal Jaal Bikaar Thaj Sabh Har Gunaa Nith Gaao ||	Abandon all your entanglements and corruption; sing the Glorious Praises of the Lord forever.	ਮਾਇਆ ਦੇ ਮੋਹ ਦੇ ਜੰਜਾਲ ਛੱਡ ਕੇ ਵਿਕਾਰ ਤਿਆਗ ਕੇ ਸਦਾ ਪਰਮਾਤਮਾ ਦੇ ਗੁਣ ਗਾਇਆ ਕਰ।
42313	988	ਕਰ ਜੋੜਿ ਨਾਨਕੁ ਦਾਨੁ ਮਾਂਗੈ ਦੇਹੁ ਅਪਨਾ ਨਾਉ॥੨॥੧॥੬॥		Kar Jorr Naanak Dhaan Maangai Dhaehu Apanaa Naao ||2||1||6||	With palms pressed together, Nanak begs for this blessing; please bless me with Your Name. ||2||1||6||	ਦਾਸ ਨਾਨਕ (ਤਾਂ ਆਪਣੇ ਦੋਵੇਂ) ਹੱਥ ਜੋੜ ਕੇ (ਇਹੀ) ਦਾਨ ਮੰਗਦਾ ਹੈ (ਕਿ ਹੇ ਪ੍ਰਭੂ! ਮੈਨੂੰ) ਆਪਣਾ ਨਾਮ ਦੇਹ ॥੨॥੧॥੬॥
42314	988	ਮਾਲੀਗਉੜਾ ਮਹਲਾ ੫॥		Maalee Gourraa Mehalaa 5 ||	Maalee Gauraa, Fifth Mehl:	

42315	988	ਪ੍ਰਭ ਸਮਰਥ ਦੇਵ ਅਪਾਰ॥		Prabh Samarathh Dhaev Apaar ||	God is all-powerful, divine and infinite.	ਹੇ ਪ੍ਰਭੂ! ਹੇ ਸਭ ਤਾਕਤਾਂ ਦੇ ਮਾਲਕ! ਹੇ ਪ੍ਰਕਾਸ਼-ਰੂਪ! ਹੇ ਬੇਅੰਤ!
42316	988	ਕਉਨੁ ਜਾਨੈ ਚਲਿਤ ਤੇਰੇ ਕਿਛੁ ਅੰਤੁ ਨਾਹੀ ਪਾਰ॥੧॥ਰਹਾਉ॥	ਚਲਿ-ਤ: ਪੋਲਾ ਬੋਲੋ ਮਿਲਵਾਂ, ਲੱਲੇ ਸਿਹਾਰੀ ਲਾਉ	Koun Jaanai Chalith Thaerae Kishh Anth Naahee Paar ||1|| Rehaao ||	Who knows Your wondrous plays? You have no end or limitation. ||1||Pause||	ਤੇਰੇ ਚੋਜਾਂ ਨੂੰ ਕੋਈ ਭੀ ਨਹੀਂ ਜਾਣ ਸਕਦਾ। ਤੇਰੇ ਚੋਜਾਂ ਦਾ ਅੰਤ ਨਹੀਂ ਪੈ ਸਕਦਾ, ਪਾਰਲਾ ਬੰਨਾ ਨਹੀਂ ਲੱਭ ਸਕਦਾ ॥੧॥ ਰਹਾਉ ॥
42317	988	ਇਕ ਖਿਨਹਿ ਥਾਪਿ ਉਥਾਪਦਾ ਘੜਿ ਭੰਨਿ ਕਰਨੈਹਾਰੁ॥		Eik Khinehi Thhaap Outhhaapadhaa Gharr Bhann Karanaihaar ||	In an instant, You establish and disestablish; You create and destroy, O Creator Lord.	ਸਭ ਕੁਝ ਕਰ ਸਕਣ ਵਾਲਾ ਪਰਮਾਤਮਾ ਘੜ ਕੇ ਪੈਦਾ ਕਰ ਕੇ (ਉਸ ਨੂੰ) ਇਕ ਖਿਨ ਵਿਚ ਭੰਨ ਕੇ ਨਾਸ ਕਰ ਦੇਂਦਾ ਹੈ।
42318	988	ਜੇਤ ਕੀਨ ਉਪਾਰਜਨਾ ਪ੍ਰਭੁ ਦਾਨੁ ਦੇਇ ਦਾਤਾਰ॥੧॥		Jaeth Keen Oupaarajanaa Prabh Dhaan Dhaee Dhaathaar ||1||	As many beings as You created, God, so many You bless with Your blessings. ||1||	ਜਿਤਨੀ ਭੀ ਸ੍ਰਿਸ਼ਟੀ ਉਸ ਨੇ ਪੈਦਾ ਕੀਤੀ ਹੈ, ਦਾਤਾਂ ਦੇਣ ਵਾਲਾ ਉਹ ਪ੍ਰਭੂ (ਸਾਰੀ ਸ੍ਰਿਸ਼ਟੀ ਨੂੰ) ਦਾਨ ਦੇਂਦਾ ਹੈ ॥੧॥
42319	988	ਹਰਿ ਸਰਨਿ ਆਇਓ ਦਾਸੁ ਤੇਰਾ ਪ੍ਰਭ ਊਚ ਅਗਮ ਮੁਰਾਰ॥		Har Saran Aaeiou Dhaas Thaeraa Prabh Ooch Agam Muraar ||	I have come to Your Sanctuary, Lord; I am Your slave, O Inaccessible Lord God.	ਹੇ ਹਰੀ! ਹੇ ਪ੍ਰਭੂ! ਹੇ ਸਭ ਤੋਂ ਉੱਚੇ! ਹੇ ਅਪਹੁੰਚ! ਹੇ ਮੁਰਾਰਿ! ਤੇਰਾ ਦਾਸ (ਨਾਨਕ) ਤੇਰੀ ਸਰਨ ਆਇਆ ਹੈ।

42320	988	ਕਢਿ ਲੇਹੁ ਭਉਜਲ ਬਿਖਮ ਤੇ ਜਨੁ ਨਾਨਕੁ ਸਦ ਬਲਿਹਾਰ॥੨॥੨॥੭॥		Kadt Laehu Bhoujal Bikham Thae Jan Naanak Sadh Balihaar ||2||2||7||	Lift me up and pull me out of the terrifying, treacherous world-ocean; servant Nanak is forever a sacrifice to You. ||2||2||7||	(ਆਪਣੇ ਦਾਸ ਨੂੰ) ਔਖੇ ਸੰਸਾਰ-ਸਮੁੰਦਰ ਵਿਚੋਂ ਬਾਹਰ ਕੱਢ ਲੈ। ਦਾਸ ਨਾਨਕ ਤੈਥੋਂ ਸਦਾ ਸਦਕੇ ਜਾਂਦਾ ਹੈ ॥੨॥੨॥੭॥
42321	988	ਮਾਲੀਗਉੜਾ ਮਹਲਾ ੫॥		Maalee Gourraa Mehalaa 5 ||	Maalee Gauraa, Fifth Mehl:	
42322	988	ਮਨਿ ਤਨਿ ਬਸਿ ਰਹੇ ਗੋਪਾਲ॥		Man Than Bas Rehae Gopaal ||	The Lord of the World abides in my mind and body.	ਹੇ ਸ੍ਰਿਸ਼ਟੀ ਦੇ ਪਾਲਕ! ਤੁਸੀ ਹੀ ਮੇਰੇ ਮਨ ਵਿਚ ਮੇਰੇ ਤਨ ਵਿਚ ਵੱਸ ਰਹੇ ਹੋ-
42323	988	ਦੀਨ ਬਾਂਧਵ ਭਗਤਿ ਵਛਲ ਸਦਾ ਸਦਾ ਕ੍ਰਿਪਾਲ॥੧॥ਰਹਾਉ॥		Dheen Baandhhav Bhagath Vashhal Sadhaa Sadhaa Kirapaal ||1|| Rehaao ||	Friend of the meek, Lover of His devotees, forever and ever merciful. ||1||Pause||	ਗਰੀਬਾਂ ਦੇ ਸਹਾਈ! ਹੇ ਭਗਤੀ ਨਾਲ ਪਿਆਰ ਕਰਨ ਵਾਲੇ! ਹੇ ਸਦਾ ਹੀ ਕਿਰਪਾਲ! ॥੧॥ ਰਹਾਉ ॥
42324	988	ਆਦਿ ਅੰਤੇ ਮਧਿ ਤੂਹੈ ਪ੍ਰਭ ਬਿਨਾ ਨਾਹੀ ਕੋਇ॥		Aadh Anthae Madhh Thoohai Prabh Binaa Naahee Koe ||	In the beginning, in the end and in the middle, You alone exist, God; there is none other than You.	ਹੇ ਪ੍ਰਭੂ! (ਜਗਤ-ਰਚਨਾ ਦੇ) ਸ਼ੁਰੂ ਵਿਚ ਤੂੰ ਹੀ ਸੀ, (ਜਗਤ ਦੇ) ਅੰਤ ਵਿਚ ਤੂੰ ਹੀ ਹੋਵੇਂਗਾ, ਹੁਣ ਭੀ ਤੂੰ ਹੀ ਹੈਂ (ਸਦਾ ਕਾਇਮ ਰਹਿਣ ਵਾਲਾ)। ਪ੍ਰਭੂ ਤੋਂ ਬਿਨਾ ਹੋਰ ਕੋਈ (ਸਦਾ ਕਾਇਮ ਰਹਿਣ ਵਾਲਾ) ਨਹੀਂ।

42325	988	ਪੂਰਿ ਰਹਿਆ ਸਗਲ ਮੰਡਲ ਏਕੁ ਸੁਆਮੀ ਸੋਇ॥੧॥		Poor Rehiaa Sagal Manddal Eaek Suaamee Soe ||1||	He is totally permeating and pervading all worlds; He is the One and only Lord and Master. ||1||	ਇਕ ਮਾਲਕ-ਪ੍ਰਭੂ ਹੀ ਸਾਰੇ ਭਵਨਾਂ ਵਿਚ ਵਿਆਪਕ ਹੈ ॥੧॥
42326	988	ਕਰਨਿ ਹਰਿ ਜਸੁ ਨੇਤ੍ਰ ਦਰਸਨੁ ਰਸਨਿ ਹਰਿ ਗੁਨ ਗਾਉ॥		Karan Har Jas Naethr Dharasan Rasan Har Gun Gaao ||	With my ears I hear God's Praises, and with my eyes I behold the Blessed Vision of His Darshan; with my tongue I sing the Lord's Glorious Praises.	ਮੈਂ ਕੰਨ ਨਾਲ ਹਰੀ ਦੀ ਸਿਫ਼ਤ-ਸਾਲਾਹ (ਸੁਣਦਾ ਹਾਂ), ਅੱਖਾਂ ਨਾਲ ਹਰੀ ਦਾ ਦਰਸਨ (ਕਰਦਾ ਹਾਂ) ਜੀਭ ਨਾਲ ਹਰੀ ਦੇ ਗੁਣ ਗਾਂਦਾ ਹਾਂ।
42327	988	ਬਲਿਹਾਰਿ ਜਾਏ ਸਦਾ ਨਾਨਕੁ ਦੇਹੁ ਅਪਣਾ ਨਾਉ॥੨॥੩॥੮॥੬॥੧੪॥		Balihaar Jaaeae Sadhaa Naanak Dhaehu Apanaa Naao ||2||3||8||6||14||	Nanak is forever a sacrifice to You; please, bless me with Your Name. ||2||3||8||6||14||	(ਪ੍ਰਭੂ ਦਾ ਦਾਸ) ਨਾਨਕ ਸਦਾ ਉਸ ਤੋਂ ਕੁਰਬਾਨ ਜਾਂਦਾ ਹੈ (ਤੇ ਉਸ ਦੇ ਦਰ ਤੇ ਅਰਦਾਸ ਕਰਦਾ ਹੈ-ਹੇ ਪ੍ਰਭੂ!) ਮੈਨੂੰ ਆਪਣਾ ਨਾਮ ਬਖ਼ਸ਼ ॥੨॥੩॥੮॥੬॥੧੪॥
42328	988	ਮਾਲੀਗਉੜਾ ਬਾਣੀ ਭਗਤ ਨਾਮਦੇਵ ਜੀ ਕੀ		Maalee Gourraa Baanee Bhagath Naamadhaev Jee Kee	Maalee Gauraa, The Word Of Devotee Naam Dayv Jee:	ਰਾਗ ਮਾਲੀ-ਗਉੜਾ ਵਿੱਚ ਭਗਤ ਨਾਮਦੇਵ ਜੀ ਦੀ ਬਾਣੀ।

42329	988	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
42330	988	ਧਨਿ ਧੰਨਿ ਓ ਰਾਮ ਬੇਨੁ ਬਾਜੈ॥		Dhhan Dhhann Ou Raam Baen Baajai ||	Blessed, blessed is that flute which the Lord plays.	ਮੈਂ ਸਦਕੇ ਹਾਂ ਰਾਮ ਜੀ ਦੀ ਬੰਸਰੀ ਤੋਂ ਜੋ ਵੱਜ ਰਹੀ ਹੈ,
42331	988	ਮਧੁਰ ਮਧੁਰ ਧੁਨਿ ਅਨਹਤ ਗਾਜੈ॥੧॥ਰਹਾਉ॥		Madhhur Madhhur Dhhun Anehath Gaajai ||1|| Rehaao ||	The sweet, sweet unstruck sound current sings forth. ||1||Pause||	ਬੜੀ ਮਿੱਠੀ ਸੁਰ ਨਾਲ ਇੱਕ-ਰਸ ਗੁੰਜਾਰ ਪਾ ਰਹੀ ਹੈ ॥੧॥ ਰਹਾਉ ॥
42332	988	ਧਨਿ ਧਨਿ ਮੇਘਾ ਰੋਮਾਵਲੀ॥		Dhhan Dhhan Maeghaa Romaavalee ||	Blessed, blessed is the wool of the sheep;	ਸਦਕੇ ਹਾਂ ਉਸ ਮੇਢੇ ਦੀ ਉੱਨ ਤੋਂ,
42333	988	ਧਨਿ ਧਨਿ ਕ੍ਰਿਸਨ ਓਢੈ ਕਾਂਬਲੀ॥੧॥		Dhhan Dhhan Kirasan Oudtai Kaanbalee ||1||	Blessed, blessed is the blanket worn by Krishna. ||1||	ਸਦਕੇ ਹਾਂ ਉਸ ਕੰਬਲੀ ਤੋਂ ਜੋ ਕ੍ਰਿਸ਼ਨ ਜੀ ਪਹਿਨ ਰਹੇ ਹਨ ॥੧॥
42334	988	ਧਨਿ ਧਨਿ ਤੂ ਮਾਤਾ ਦੇਵਕੀ॥		Dhhan Dhhan Thoo Maathaa Dhaevakee ||	Blessed, blessed are you, O mother Dayvakee;	ਹੇ ਮਾਂ ਦੇਵਕੀ! ਤੈਥੋਂ (ਭੀ) ਕੁਰਬਾਨ ਹਾਂ,
42335	988	ਜਿਹ ਗ੍ਰਿਹ ਰਮਈਆ ਕਵਲਾਪਤੀ॥੨॥	ਰ-ਮਈਆ। ਕਵਲਾ-ਪਤੀ	Jih Grih Rameeaa Kavalaapathee ||2||	Into your home the Lord was born. ||2||	ਜਿਸ ਦੇ ਘਰ ਵਿਚ ਸੋਹਣੇ ਰਾਮ ਜੀ, ਕ੍ਰਿਸ਼ਨ ਜੀ (ਜੰਮੇ) ॥੨॥
42336	988	ਧਨਿ ਧਨਿ ਬਨ ਖੰਡ ਬਿੰਦ੍ਰਾਬਨਾ॥		Dhhan Dhhan Ban Khandd Bindhraabanaa ||	Blessed, blessed are the forests of Brindaaban;	ਧੰਨ ਹੈ ਜੰਗਲ ਦਾ ਉਹ ਟੋਟਾ, ਉਹ ਬਿੰਦ੍ਰਾਬਨ,

42337	988	ਜਹ ਖੇਲੈ ਸ੍ਰੀ ਨਾਰਾਇਨਾ॥੩॥		Jeh Khaelai Sree Naaraaeinaa ||3||	The Supreme Lord plays there. ||3||	ਜਿੱਥੇ ਸ੍ਰੀ ਨਾਰਾਇਣ ਜੀ (ਕ੍ਰਿਸ਼ਨ ਰੂਪ ਵਿਚ) ਖੇਡਦੇ ਹਨ ॥੩॥
42338	988	ਬੇਨੁ ਬਜਾਵੈ ਗੋਧਨੁ ਚਰੈ॥	ਸਭ ਅਵਾਜ਼ਾਂ ਚੋਂ ਨਾਮ ਸੁਣਦਿਆਂ, ਅੰਦਰ ਅਜਪਾ ਜਾਪ ਰੂਪ (ਬੇਨੁ) ਬੀਨ ਵੱਜਾਉਣੀ, ਇੰਦ੍ਰੀਆਂ ਰੂਪ (ਗੋਧਨੁ) ਗਊਆਂ। ਅੰਮ੍ਰਿਤ ਪੀਣ ਰੂਪ (ਚਰੈ) ਚਰਦੀਆਂ ਹਨ	Baen Bajaavai Godhhan Charai ||	He plays the flute, and herds the cows;	ਨਾਮਦੇਵ ਦਾ ਪ੍ਰਭੂ (ਕ੍ਰਿਸ਼ਨ ਰੂਪ ਵਿਚ) ਬੰਸਰੀ ਵਜਾ ਰਿਹਾ ਹੈ, ਗਾਈਆਂ ਚਾਰ ਰਿਹਾ ਹੈ,
42339	988	ਨਾਮੇ ਕਾ ਸੁਆਮੀ ਆਨਦ ਕਰੈ॥੪॥੧॥		Naamae Kaa Suaamee Aanadh Karai ||4||1||	Naam Dayv's Lord and Master plays happily. ||4||1||	ਤੇ (ਇਹੋ ਜਿਹਾ ਹੋਰ) ਖ਼ੁਸ਼ੀ ਦੇ ਕੌਤਕ ਕਰ ਰਿਹਾ ਹੈ ॥੪॥੧॥
42340	988	ਮੇਰੋ ਬਾਪੁ ਮਾਧਉ ਤੂ ਧਨੁ ਕੇਸੌ ਸਾਂਵਲੀਓ ਬੀਠੁਲਾਇ॥੧॥ਰਹਾਉ॥	ਦਾਸ (ਸਾਂਵਲੀਓ) ਕਾਲਾ, (ਬੀਠੁਲਾਇ) ਉਤਪਤੀ ਪਾਲਣਾ ਲੈਤਾ ਕਰਨ ਵਾਲੇ। ਪੁੰਡਰੀਕ ਭਗਤਜੀ ਨੇ ਠਾਕੁਰ ਜੀ ਨੂੰ ਬੈਠਣ ਲਈ ਇੱਟ ਦਿੱਤੀ, ਇਸ ਤੇ ਬੈਠਣ ਕਰਕੇ. ਬੀਠਲ ਨਾਮ ਪਿਆ	Maero Baap Maadhho Thoo Dhhan Kaesa Saanvaleeou Beethulaae ||1|| Rehaao ||	O my Father, Lord of wealth, blessed are You, long-haired, dark-skinned, my darling. ||1||Pause||	ਹੇ ਮੇਰੇ ਮਾਧੋ! ਹੇ ਲੰਮੇ ਕੇਸਾਂ ਵਾਲੇ ਪ੍ਰਭੂ! ਹੇ ਸਾਂਵਲੇ ਰੰਗ ਵਾਲੇ ਪ੍ਰਭੂ! ਹੇ ਬੀਠੁਲ! ਤੂੰ ਧੰਨ ਹੈਂ, ਤੂੰ ਮੇਰਾ ਪਿਤਾ ਹੈਂ (ਭਾਵ, ਤੂੰ ਹੀ ਮੇਰਾ ਪੈਦਾ ਕਰਨ ਵਾਲਾ ਤੇ ਰਾਖਾ ਹੈਂ) ॥੧॥ ਰਹਾਉ ॥

42341	988	ਕਰ ਧਰੇ ਚਕ੍ਰ ਬੈਕੁੰਠ ਤੇ ਆਏ ਗਜ ਹਸਤੀ ਕੇ ਪ੍ਰਾਨ ਉਧਾਰੀਅਲੇ॥	ਉ-ਧਾਰੀਅਲੇ, ਚੱਕ੍ਰ, ਗੱਜ	Kar Dhharae Chakr Baikunth Thae Aaeae Gaj Hasathee Kae Praan Oudhhaareealae ||	You hold the steel chakra in Your hand; You came down from Heaven, and saved the life of the elephant.	ਹੇ ਮਾਧੋ! ਹੱਥਾਂ ਵਿਚ ਚੱਕਰ ਫੜ ਕੇ ਬੈਕੁੰਠ ਤੋਂ (ਹੀ) ਆਇਆ ਸੈਂ ਤੇ ਗਜ (ਹਾਥੀ) ਦੀ ਜਿੰਦ (ਤੰਦੂਏ ਤੋਂ) ਤੂੰ ਹੀ ਬਚਾਈ ਸੀ।
42342	988	ਦੁਹਸਾਸਨ ਕੀ ਸਭਾ ਦ੍ਰੌਪਤੀ ਅੰਬਰ ਲੇਤ ਉਬਾਰੀਅਲੇ॥੧॥		Dhuhasaasan Kee Sabhaa Dhropathee Anbar Laeth Oubaareealae ||1||	In the court of Duhsaasan, You saved the honor of Dropati, when her clothes were being removed. ||1||	ਹੇ ਸਾਂਵਲੇ ਪ੍ਰਭੂ! ਦੁਹਸਾਸਨ ਦੀ ਸਭਾ ਵਿਚ ਜਦੋਂ ਦਰੋਪਤੀ ਦੇ ਬਸਤਰ ਉਤਾਰੇ ਜਾ ਰਹੇ ਸਨ ਤਾਂ ਉਸ ਦੀ ਇੱਜ਼ਤ ਤੂੰ ਹੀ ਬਚਾਈ ਸੀ ॥੧॥
42343	988	ਗੋਤਮ ਨਾਰਿ ਅਹਲਿਆ ਤਾਰੀ ਪਾਵਨ ਕੇਤਕ ਤਾਰੀਅਲੇ॥	ਅ-ਹੱਲਿਆ	Gotham Naar Ahaliaa Thaaree Paavan Kaethak Thaareealae ||	You saved Ahliyaa, the wife of Gautam; how many have You purified and carried across?	ਹੇ ਬੀਠੁਲ! ਗੋਤਮ ਰਿਸ਼ੀ ਦੀ ਵਹੁਟੀ ਅਹੱਲਿਆ ਨੂੰ (ਜੋ ਰਿਸ਼ੀ ਦੇ ਸਰਾਪ ਨਾਲ ਸਿਲਾ ਬਣ ਗਈ ਸੀ) ਤੂੰ ਹੀ ਮੁਕਤ ਕੀਤਾ ਸੀ; ਹੇ ਮਾਧੋ! ਤੂੰ (ਅਨੇਕਾਂ ਪਤਿਤਾਂ ਨੂੰ) ਪਵਿਤੱਰ ਕੀਤਾ ਤੇ ਤਾਰਿਆ ਹੈ।
42344	988	ਐਸਾ ਅਧਮੁ ਅਜਾਤਿ ਨਾਮਦੇਉ ਤਉ ਸਰਨਾਗਤਿ ਆਈਅਲੇ॥੨॥੨॥	ਅਧਮ: ਪੋਲਾ ਬੋਲੋ। ਸਰ-ਨਾਗਤਿ	Aisaa Adhham Ajaath Naamadhaeo Tho Saranaagath Aaeealae ||2||2||	Such a lowly outcaste as Naam Dayv has come seeking Your Sanctuary. ||2||2||	ਮੈਂ ਨਾਮਦੇਵ (ਭੀ) ਇਕ ਬੜਾ ਨੀਚ ਹਾਂ ਤੇ ਨੀਵੀਂ ਜਾਤ ਵਾਲਾ ਹਾਂ, ਮੈਂ ਤੇਰੀ ਸ਼ਰਨ ਆਇਆ ਹਾਂ (ਮੇਰੀ ਭੀ ਬਾਹੁੜੀ ਕਰ) ॥੨॥੨॥

42345	988	ਸਭੈ ਘਟ ਰਾਮੁ ਬੋਲੈ ਰਾਮਾ ਬੋਲੈ॥		Sabhai Ghatt Raam Bolai Raamaa Bolai ||	Within all hearts, the Lord speaks, the Lord speaks.	ਹੇ ਭਾਈ! ਸਾਰੇ ਘਟਾਂ (ਸਰੀਰਾਂ) ਵਿਚ ਪਰਮਾਤਮਾ ਬੋਲਦਾ ਹੈ, ਪਰਮਾਤਮਾ ਹੀ ਬੋਲਦਾ ਹੈ,
42346	988	ਰਾਮ ਬਿਨਾ ਕੋ ਬੋਲੈ ਰੇ॥੧॥ਰਹਾਉ॥		Raam Binaa Ko Bolai Rae ||1|| Rehaao ||	Who else speaks, other than the Lord? ||1||Pause||	ਪਰਮਾਤਮਾ ਤੋਂ ਬਿਨਾ ਹੋਰ ਕੋਈ ਨਹੀਂ ਬੋਲਦਾ ॥੧॥ ਰਹਾਉ ॥
42347	988	ਏਕਲ ਮਾਟੀ ਕੁੰਜਰ ਚੀਟੀ ਭਾਜਨ ਹੈਂ ਬਹੁ ਨਾਨਾ ਰੇ॥		Eaekal Maattee Kunjar Cheettee Bhaajan Hain Bahu Naanaa Rae ||	Out of the same clay, the elephant, the ant, and the many sorts of species are formed.	ਹੇ ਭਾਈ! ਜਿਵੇਂ ਇਕੋ ਹੀ ਮਿੱਟੀ ਤੋਂ ਕਈ ਕਿਸਮਾਂ ਦੇ ਭਾਂਡੇ ਬਣਾਏ ਜਾਂਦੇ ਹਨ,
42348	988	ਅਸਥਾਵਰ ਜੰਗਮ ਕੀਟ ਪਤੰਗਮ ਘਟਿ ਘਟਿ ਰਾਮੁ ਸਮਾਨਾ ਰੇ॥੧॥		Asathhaavar Jangam Keett Pathangam Ghatt Ghatt Raam Samaanaa Rae ||1||	In stationary life forms, moving beings, worms, moths and within each and every heart, the Lord is contained. ||1||	ਤਿਵੇਂ ਹਾਥੀ ਤੋਂ ਲੈ ਕੇ ਕੀੜੀ ਤਕ, ਨਿਰਜਿੰਦ ਪਦਾਰਥ ਅਤੇ ਸਜਿੰਦ ਜੀ, ਕੀੜੇ-ਪਤੰਗੇ-ਹਰੇਕ ਘਟ ਵਿਚ ਪਰਮਾਤਮਾ ਹੀ ਸਮਾਇਆ ਹੋਇਆ ਹੈ ॥੧॥
42349	988	ਏਕਲ ਚਿੰਤਾ ਰਾਖੁ ਅਨੰਤਾ ਅਉਰ ਤਜਹੁ ਸਭ ਆਸਾ ਰੇ॥		Eaekal Chinthaa Raakh Ananthaa Aour Thajahu Sabh Aasaa Rae ||	Remember the One, Infinite Lord; abandon all other hopes.	ਹੋਰ ਸਭਨਾਂ ਦੀ ਆਸ ਛੱਡ, ਇਕ ਬੇਅੰਤ ਪ੍ਰਭੂ ਦਾ ਧਿਆਨ ਧਰ (ਜੋ ਸਭਨਾਂ ਵਿਚ ਮੌਜੂਦ ਹੈ)।

42350	988	ਪ੍ਰਣਵੈ ਨਾਮਾ ਭਏ ਨਿਹਕਾਮਾ ਕੋ ਠਾਕੁਰੁ ਕੋ ਦਾਸਾ ਰੇ॥੨॥੩॥		Pranavai Naamaa Bheae Nihakaamaa Ko Thaakur Ko Dhaasaa Rae ||2||3||	Naam Dayv prays, I have become dispassionate and detached; who is the Lord and Master, and who is the slave? ||2||3||	ਨਾਮਦੇਵ ਬੇਨਤੀ ਕਰਦਾ ਹੈ-ਜੋ ਮਨੁੱਖ (ਪ੍ਰਭੂ ਦਾ ਧਿਆਨ ਧਰ ਕੇ) ਨਿਸ਼ਕਾਮ ਹੋ ਜਾਂਦਾ ਹੈ ਉਸ ਵਿਚ ਅਤੇ ਪ੍ਰਭੂ ਵਿਚ ਕੋਈ ਭਿੰਨ-ਭੇਦ ਨਹੀਂ ਰਹਿ ਜਾਂਦਾ ॥੨॥੩॥
42351	989	ਰਾਗੁ ਮਾਰੂ ਮਹਲਾ ੧ ਘਰੁ ੧ ਚਉਪਦੇ		Raag Maaroo Mehalaa 1 Ghar 1 Choupadhae	Raag Maaroo, First Mehl, First House, Chau-Padas:	ਰਾਗ ਮਾਰੂ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
42352	989	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
42353	989	ਸਲੋਕੁ॥		Salok ||	Shalok:	
42354	989	ਸਾਜਨ ਤੇਰੇ ਚਰਨ ਕੀ ਹੋਇ ਰਹਾ ਸਦ ਧੂਰਿ॥		Saajan Thaerae Charan Kee Hoe Rehaa Sadh Dhoor ||	O my Friend, I shall forever remain the dust of Your feet.	ਹੇ ਮਿਤ੍ਰ-ਪ੍ਰਭੂ! (ਮੇਰੀ ਅਰਦਾਸ ਹੈ ਕਿ) ਮੈਂ ਸਦਾ ਤੇਰੇ ਚਰਨਾਂ ਦੀ ਧੂੜ ਬਣਿਆ ਰਹਾਂ।

42355	989	ਨਾਨਕ ਸਰਣਿ ਤੁਹਾਰੀਆ ਪੇਖਉ ਸਦਾ ਹਜੂਰਿ॥੧॥		Naanak Saran Thuhaareeaa Paekho Sadhaa Hajoor ||1||	Nanak seeks Your protection, and beholds You ever-present, here and now. ||1||	ਮੈਂ ਨਾਨਕ ਤੇਰੀ ਸ਼ਰਨ ਆਇਆ ਹਾਂ। (ਮੇਹਰ ਕਰ, ਸਮਰਥਾ ਬਖ਼ਸ਼ ਕਿ) ਮੈਂ ਸਦਾ ਤੈਨੂੰ ਆਪਣੇ ਅੰਗ ਸੰਗ ਵੇਖਦਾ ਰਹਾਂ ॥੧॥
42356	989	ਸਬਦ॥		Sabadh ||	Shabad:	
42357	989	ਪਿਛਹੁ ਰਾਤੀ ਸਦੜਾ ਨਾਮੁ ਖਸਮ ਕਾ ਲੇਹਿ॥	ਸੱਦੜਾ	Pishhahu Raathee Sadharraa Naam Khasam Kaa Laehi ||	Those who receive the call in the last hours of the night, chant the Name of their Lord and Master.	ਜਿਨ੍ਹਾਂ (ਵਡ-ਭਾਗੀ) ਬੰਦਿਆਂ ਨੂੰ ਅੰਮ੍ਰਿਤ ਵੇਲੇ ਪਰਮਾਤਮਾ ਆਪ ਪਿਆਰ-ਭਰਿਆ ਸੱਦਾ ਭੇਜਦਾ ਹੈ (ਪ੍ਰੇਰਨਾ ਕਰਦਾ ਹੈ) ਉਹ ਉਸ ਵੇਲੇ ਉੱਠ ਕੇ ਖਸਮ-ਪ੍ਰਭੂ ਦਾ ਨਾਮ ਲੈਂਦੇ ਹਨ।
42358	989	ਖੇਮੇ ਛਤ੍ਰ ਸਰਾਇਚੇ ਦਿਸਨਿ ਰਥ ਪੀੜੇ॥	(ਖੇਮੇ) ਤੰਬੂ ਛਤ੍ਰ। (ਸਰਾਇਚੇ) ਕਨਾਤਾਂ। ਰਥ (ਪੀੜੇ) ਜੋੜੇ	Khaemae Shhathr Saraaeichae Dhisan Rathh Peerrae ||	Tents, canopies, pavilions and carriages are prepared and made ready for them.	ਤੰਬੂ, ਛੱਤਰ, ਕਨਾਤਾਂ ਰਥ (ਉਹਨਾਂ ਦੇ ਦਰ ਤੇ ਹਰ ਵੇਲੇ) ਤਿਆਰ ਦਿੱਸਦੇ ਹਨ।
42359	989	ਜਿਨੀ ਤੇਰਾ ਨਾਮੁ ਧਿਆਇਆ ਤਿਨ ਕਉ ਸਦਿ ਮਿਲੇ॥੧॥	ਸੱਦਿ	Jinee Thaeraa Naam Dhhiaaeiaa Thin Ko Sadh Milae ||1||	You send out the call, Lord, to those who meditate on Your Name. ||1||	ਇਹ ਸਾਰੇ (ਦੁਨੀਆ ਦੀ ਮਾਣ-ਵਡਿਆਈ ਦੇ ਪਦਾਰਥ) ਉਹਨਾਂ ਨੂੰ ਆਪਣੇ ਆਪ ਆ ਮਿਲਦੇ ਹਨ, ਜਿਨ੍ਹਾਂ ਨੇ (ਹੇ ਪ੍ਰਭੂ!) ਤੇਰਾ ਨਾਮ ਸਿਮਰਿਆ ਹੈ ॥੧॥
42360	989	ਬਾਬਾ ਮੈ ਕਰਮਹੀਣ ਕੂੜਿਆਰ॥		Baabaa Mai Karameheen Koorriaar ||	Father, I am unfortunate, a fraud.	(ਪਰ) ਹੇ ਪ੍ਰਭੂ! ਮੈਂ ਮੰਦ-ਭਾਗੀ (ਹੀ ਰਿਹਾ), ਮੈਂ ਕੂੜੇ ਪਦਾਰਥਾਂ ਦੇ ਵਣਜ ਹੀ ਕਰਦਾ ਰਿਹਾ।

42361	989	ਨਾਮੁ ਨ ਪਾਇਆ ਤੇਰਾ ਅੰਧਾ ਭਰਮਿ ਭੂਲਾ ਮਨੁ ਮੇਰਾ॥੧॥ਰਹਾਉ॥		Naam N Paaeiaa Thaeraa Andhhaa Bharam Bhoolaa Man Maeraa ||1|| Rehaao ||	I have not found Your Name; my mind is blind and deluded by doubt. ||1||Pause||	(ਮਾਇਆ ਦੇ ਮੋਹ ਵਿਚ) ਅੰਨ੍ਹਾ ਹੋਇਆ ਹੋਇਆ ਮੇਰਾ ਮਨ (ਮਾਇਆ ਦੀ ਖ਼ਾਤਰ) ਭਟਕਣਾ ਵਿਚ ਹੀ ਕੁਰਾਹੇ ਪਿਆ ਰਿਹਾ, ਤੇ ਮੈਂ ਤੇਰਾ ਨਾਮ ਪ੍ਰਾਪਤ ਨਾਹ ਕਰ ਸਕਿਆ ॥੧॥ ਰਹਾਉ ॥
42362	989	ਸਾਦ ਕੀਤੇ ਦੁਖ ਪਰਫੁੜੇ ਪੂਰਬਿ ਲਿਖੇ ਮਾਇ॥	(ਪਰਫੁੜੇ) ਪ੍ਰਫੁੱਲਤ ਹੋਏ। ਪਰ-ਫੁੜੇ	Saadh Keethae Dhukh Parafurrae Poorab Likhae Maae ||	I have enjoyed the tastes, and now my pains have come to fruition; such is my pre-ordained destiny, O my mother.	ਹੇ ਮਾਂ! ਮੈਂ ਦੁਨੀਆ ਦੇ ਅਨੇਕਾਂ ਪਦਾਰਥਾਂ ਦੇ ਸੁਆਦ ਮਾਣਦਾ ਰਿਹਾ, ਹੁਣ ਤੋਂ ਪਹਿਲੇ ਸਾਰੇ ਬੇਅੰਤ ਲੰਮੇ ਜੀਵਨ-ਸਫ਼ਰ ਵਿਚ ਕੀਤੇ ਕਰਮਾਂ ਦੇ ਸੰਸਕਾਰ ਮੇਰੇ ਮਨ ਵਿਚ ਉੱਕਰਦੇ ਗਏ (ਤੇ ਉਹਨਾਂ ਭੋਗਾਂ ਦੇ ਇਵਜ਼ ਵਿਚ ਮੇਰੇ ਵਾਸਤੇ) ਦੁੱਖ ਵਧਦੇ ਗਏ।
42363	989	ਸੁਖ ਥੋੜੇ ਦੁਖ ਅਗਲੇ ਦੂਖੇ ਦੂਖਿ ਵਿਹਾਇ॥੨॥		Sukh Thhorrae Dhukh Agalae Dhookhae Dhookh Vihaae ||2||	Now my joys are few, and my pains are many. In utter agony, I pass my life. ||2||	ਸੁਖ ਤਾਂ ਥੋੜੇ ਹੀ ਮਾਣੇ, ਪਰ ਦੁੱਖ ਬੇਅੰਤ ਉਗਮ ਪਏ, ਹੁਣ ਮੇਰੀ ਉਮਰ ਦੁੱਖ ਵਿਚ ਹੀ ਗੁਜ਼ਰ ਰਹੀ ਹੈ ॥੨॥

42364	989	ਵਿਛੁੜਿਆ ਕਾ ਕਿਆ ਵੀਛੁੜੈ ਮਿਲਿਆ ਕਾ ਕਿਆ ਮੇਲੁ॥		Vishhurriaa Kaa Kiaa Veeshhurrai Miliaa Kaa Kiaa Mael ||	What separation could be worse than separation from the Lord? For those who are united with Him, what other union can there be?	ਉਹਨਾਂ ਬੰਦਿਆਂ ਦਾ ਜੋ ਪਰਮਾਤਮਾ ਨਾਲੋਂ ਵਿਛੁੜੇ ਹੋਏ ਹਨ ਹੋਰ ਕਿਸ ਪਿਆਰੇ ਪਦਾਰਥ ਨਾਲੋਂ ਵਿਛੋੜਾ ਹੈ? (ਸਭ ਤੋਂ ਕੀਮਤੀ ਪਦਾਰਥ ਤਾਂ ਹਰਿ-ਨਾਮ ਹੀ ਸੀ ਜਿਸ ਤੋਂ ਉਹ ਵਿਛੁੜ ਗਏ)। ਉਹਨਾਂ ਜੀਵਾਂ ਦਾ ਜੋ ਪ੍ਰਭੂ-ਚਰਨਾਂ ਵਿਚ ਜੁੜੇ ਹੋਏ ਹਨ ਹੋਰ ਕਿਸ ਸ੍ਰੇਸ਼ਟ ਪਦਾਰਥ ਨਾਲ ਮੇਲ ਬਾਕੀ ਰਹਿ ਗਿਆ? (ਉਹਨਾਂ ਨੂੰ ਹੋਰ ਕਿਸੇ ਪਦਾਰਥ, ਲੋੜ ਹੀ ਨਾਹ ਰਹਿ ਗਈ)।
42365	989	ਸਾਹਿਬੁ ਸੋ ਸਾਲਾਹੀਐ ਜਿਨਿ ਕਰਿ ਦੇਖਿਆ ਖੇਲੁ॥੩॥		Saahib So Saalaaheeai Jin Kar Dhaekhiaa Khael ||3||	Praise the Lord and Master, who, having created this play, beholds it. ||3||	ਸਦਾ ਉਸ ਮਾਲਕ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ ਜਿਸ ਨੇ ਇਹ ਜਗਤ-ਤਮਾਸ਼ਾ ਰਚਿਆ ਹੈ ਤੇ ਰਚ ਕੇ ਇਸ ਦੀ ਸੰਭਾਲ ਕਰ ਰਿਹਾ ਹੈ ॥੩॥
42366	989	ਸੰਜੋਗੀ ਮੇਲਾਵੜਾ ਇਨਿ ਤਨਿ ਕੀਤੇ ਭੋਗ॥		Sanjogee Maelaavarraa Ein Than Keethae Bhog ||	By good destiny, this union comes about; this body enjoys its pleasures.	ਪਰਮਾਤਮਾ ਦੀ ਬਖ਼ਸ਼ਸ਼ ਦੇ ਸੰਜੋਗ ਨਾਲ ਇਸ ਮਨੁੱਖਾ ਸਰੀਰ ਨਾਲ ਸੋਹਣਾ ਮਿਲਾਪ ਹੋਇਆ ਸੀ, ਪਰ ਇਸ ਸਰੀਰ ਵਿਚ ਆ ਕੇ ਮਾਇਕ ਪਦਾਰਥਾਂ ਦੇ ਰਸ ਹੀ ਮਾਣਦੇ ਰਹੇ।

42367	989	ਵਿਜੋਗੀ ਮਿਲਿ ਵਿਛੁੜੇ ਨਾਨਕ ਭੀ ਸੰਜੋਗ॥੪॥੧॥		Vijogee Mil Vishhurrae Naanak Bhee Sanjog ||4||1||	Those who have lost their destiny, suffer separation from this union. O Nanak, they may still be united once again! ||4||1||	ਹੇ ਨਾਨਕ! ਜਦੋਂ ਉਸ ਦੀ ਰਜ਼ਾ ਵਿਚ ਮੌਤ ਆਈ, ਮਨੁੱਖਾ ਸਰੀਰ ਨਾਲੋਂ ਵਿਛੋੜਾ ਹੋ ਗਿਆ, (ਪਰ ਮਾਇਕ ਪਦਾਰਥਾਂ ਦੇ ਹੀ ਭੋਗਾਂ ਦੇ ਕਾਰਨ) ਮੁੜ ਮੁੜ ਅਨੇਕਾਂ ਜਨਮਾਂ ਦੇ ਗੇੜ ਲੰਘਣੇ ਪਏ ॥੪॥੧॥
42368	989	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
42369	989	ਮਿਲਿ ਮਾਤ ਪਿਤਾ ਪਿੰਡੁ ਕਮਾਇਆ॥		Mil Maath Pithaa Pindd Kamaaeiaa ||	The union of the mother and father brings the body into being.	(ਜਿਸ ਕਰਤਾਰ ਦੀ ਰਜ਼ਾ ਅਨੁਸਾਰ) ਤੇਰੇ ਮਾਂ ਪਿਉ ਨੇ ਮਿਲ ਕੇ ਤੇਰਾ ਸਰੀਰ ਬਣਾਇਆ,
42370	989	ਤਿਨਿ ਕਰਤੈ ਲੇਖੁ ਲਿਖਾਇਆ॥		Thin Karathai Laekh Likhaaeiaa ||	The Creator inscribes upon it the inscription of its destiny.	ਉਸੇ ਕਰਤਾਰ ਨੇ (ਤੇਰੇ ਮੱਥੇ ਉਤੇ ਇਹ) ਲੇਖ (ਭੀ) ਲਿਖ ਦਿੱਤਾ,
42371	989	ਲਿਖੁ ਦਾਤਿ ਜੋਤਿ ਵਡਿਆਈ॥		Likh Dhaath Joth Vaddiaaee ||	According to this inscription, gifts, light and glorious greatness are received.	ਕਿ ਤੂੰ (ਜਗਤ ਵਿਚ ਜਾ ਕੇ) ਜੋਤਿ-ਰੂਪ ਪ੍ਰਭੂ ਦੀਆਂ ਬਖ਼ਸ਼ਸ਼ਾਂ ਚੇਤੇ ਕਰੀਂ ਤੇ ਉਸ ਦੀ ਸਿਫ਼ਤ-ਸਾਲਾਹ ਭੀ ਕਰੀਂ (ਸਿਫ਼ਤ-ਸਾਲਾਹ ਦੇ ਲੇਖ ਆਪਣੇ ਅੰਦਰ ਲਿਖਦਾ ਰਹੀਂ)।
42372	989	ਮਿਲਿ ਮਾਇਆ ਸੁਰਤਿ ਗਵਾਈ॥੧॥		Mil Maaeiaa Surath Gavaaee ||1||	Joining with Maya, the spiritual consciousness is lost. ||1||	ਪਰ ਤੂੰ ਮਾਇਆ (ਦੇ ਮੋਹ) ਵਿਚ ਫਸ ਕੇ ਇਹ ਚੇਤਾ ਹੀ ਭੁਲਾ ਦਿੱਤਾ ॥੧॥

42373	989	ਮੂਰਖ ਮਨ ਕਾਹੇ ਕਰਸਹਿ ਮਾਣਾ॥	(ਕਰਸ-ਹਿ) ਕਰਦਾ ਹੈਂ	Moorakh Man Kaahae Karasehi Maanaa ||	O foolish mind, why are you so proud?	ਹੇ (ਮੇਰੇ) ਮੂਰਖ ਮਨ! ਤੂੰ (ਇਹਨਾਂ ਦੁਨੀਆਵੀ ਮਲਕੀਅਤਾਂ ਦਾ) ਕਿਉਂ ਮਾਣ ਕਰਦਾ ਹੈਂ?
42374	989	ਉਠਿ ਚਲਣਾ ਖਸਮੈ ਭਾਣਾ॥੧॥ਰਹਾਉ॥		Outh Chalanaa Khasamai Bhaanaa ||1|| Rehaao ||	You shall have to arise and depart when it pleases your Lord and Master. ||1||Pause||	(ਜਦੋਂ) ਖਸਮ ਪ੍ਰਭੂ ਦਾ ਹੁਕਮ ਹੋਇਆ ਤਦੋਂ (ਇਹਨਾਂ ਨੂੰ ਛੱਡ ਕੇ ਜਗਤ ਤੋਂ) ਚਲੇ ਜਾਣਾ ਪਏਗਾ ॥੧॥ ਰਹਾਉ ॥
42375	989	ਤਜਿ ਸਾਦ ਸਹਜ ਸੁਖੁ ਹੋਈ॥		Thaj Saadh Sehaj Sukh Hoee ||	Abandon the tastes of the world, and find intuitive peace.	(ਹੇ ਮਨ! ਤੂੰ ਘਰਾਂ ਦੀਆਂ ਮਲਕੀਅਤਾਂ ਵਿਚੋਂ ਸੁਖ-ਸ਼ਾਂਤੀ ਲੱਭਦਾ ਹੈਂ) ਮਾਇਆ ਦੇ ਸੁਆਦ ਛੱਡ ਕੇ ਆਤਮਕ ਅਡੋਲਤਾ ਦਾ ਆਨੰਦ ਪੈਦਾ ਹੋ ਸਕਦਾ ਹੈ।
42376	989	ਘਰ ਛਡਣੇ ਰਹੈ ਨ ਕੋਈ॥		Ghar Shhaddanae Rehai N Koee ||	All must abandon their worldly homes; no one remains here forever.	(ਜਿਨ੍ਹਾਂ ਘਰਾਂ ਦੀਆਂ ਮਲਕੀਅਤਾਂ ਨੂੰ ਤੂੰ ਸੁਖ ਦਾ ਮੂਲ ਸਮਝ ਰਿਹਾ ਹੈਂ, ਇਹ) ਘਰ ਤਾਂ ਛੱਡ ਜਾਣੇ ਹਨ, ਕੋਈ ਭੀ ਜੀਵ (ਇਥੇ ਸਦਾ) ਟਿਕਿਆ ਨਹੀਂ ਰਹਿ ਸਕਦਾ।
42377	989	ਕਿਛੁ ਖਾਜੈ ਕਿਛੁ ਧਰਿ ਜਾਈਐ॥		Kishh Khaajai Kishh Dhhar Jaaeeai ||	Eat some, and save the rest,	(ਹੇ ਮੂਰਖ ਮਨ! ਤੂੰ ਸਦਾ ਇਹ ਸੋਚਦਾ ਹੈਂ ਕਿ) ਕੁਝ ਧਨ-ਪਦਾਰਥ ਖਾ-ਹੰਢਾ ਲਈਏ ਤੇ ਕੁਝ ਸਾਂਭ ਕੇ ਰੱਖੀ ਜਾਈਏ,

42378	989	ਜੇ ਬਾਹੁੜਿ ਦੁਨੀਆ ਆਈਐ॥੨॥		Jae Baahurr Dhuneeaa Aaeeai ||2||	If you are destined to return to the world again. ||2||	(ਪਰ ਸਾਂਭ ਕੇ ਰੱਖ ਜਾਣ ਦਾ ਲਾਭ ਤਾਂ ਤਦੋਂ ਹੀ ਹੋ ਸਕਦਾ ਹੈ) ਜੇ ਮੁੜ (ਇਸ ਧਨ ਨੂੰ ਵਰਤਣ ਵਾਸਤੇ) ਜਗਤ ਵਿਚ ਆ ਸਕਣਾ ਹੋਵੇ ॥੨॥
42379	989	ਸਜੁ ਕਾਇਆ ਪਟੁ ਹਢਾਏ॥	ਸਜੁ: ਪੋਲਾ ਬੋਲੋ, ਪੱਟੁ	Saj Kaaeiaa Patt Hadtaaeae ||	He adorns his body and ress in silk robes.	ਮਨੁੱਖ ਆਪਣੇ ਸਰੀਰ ਉਤੇ ਹਾਰ ਰੇਸ਼ਮੀ ਕਪੜਾ ਆਦਿਕ ਹੰਢਾਂਦਾ ਹੈ,
42380	989	ਫੁਰਮਾਇਸਿ ਬਹੁਤੁ ਚਲਾਏ॥		Furamaaeis Bahuth Chalaaeae ||	He issues all sorts of commands.	ਹੁਕਮ ਭੀ ਬਥੇਰਾ ਚਲਾਂਦਾ ਹੈ,
42381	989	ਕਰਿ ਸੇਜ ਸੁਖਾਲੀ ਸੋਵੈ॥		Kar Saej Sukhaalee Sovai ||	Preparing his comfortable bed, he sleeps.	ਸੁਖਾਲੀ ਸੇਜ ਦਾ ਸੁਖ ਭੀ ਮਾਣਦਾ ਹੈ (ਪਰ ਜਿਸ ਕਰਤਾਰ ਨੇ ਇਹ ਸਭ ਕੁਝ ਦਿੱਤਾ ਉਸ ਨੂੰ ਵਿਸਾਰੀ ਰੱਖਦਾ ਹੈ, ਆਖ਼ਿਰ)
42382	989	ਹਥੀ ਪਉਦੀ ਕਾਹੇ ਰੋਵੈ॥੩॥	ਹੱਥੀਂ ਪਉਂਦੀ	Hathhee Poudhee Kaahae Rovai ||3||	When he falls into the hands of the Messenger of Death, what good does it do to cry out? ||3||	ਜਦੋਂ ਜਮਾਂ ਦੇ ਹੱਥ ਪੈਂਦੇ ਹਨ, ਤਦੋਂ ਰੋਣ ਪਛੁਤਾਣ ਦਾ ਕੋਈ ਲਾਭ ਨਹੀਂ ਹੋ ਸਕਦਾ ॥੩॥
42383	989	ਘਰ ਘੁੰਮਣਵਾਣੀ ਭਾਈ॥	(ਦੂਜਾ ਪਾਠ: ਘੁੰਮਣ ਵਾਣੀ)	Ghar Ghunmanavaanee Bhaaee ||	Household affairs are whirlpools of entanglements, O Siblings of Destiny.	ਹੇ ਭਾਈ! ਘਰਾਂ ਦੇ ਮੋਹ ਦਰਿਆ ਦੀਆਂ ਘੁੰਮਣ ਘੇਰੀਆਂ (ਵਾਂਗ) ਹਨ,
42384	990	ਪਾਪ ਪਥਰ ਤਰਣੁ ਨ ਜਾਈ॥		Paap Pathhar Tharan N Jaaee ||	Sin is a stone which does not float.	ਪਾਪਾਂ ਦੇ ਪੱਥਰ ਲੱਦ ਕੇ ਜ਼ਿੰਦਗੀ ਦੀ ਬੇੜੀ ਇਹਨਾਂ ਘੁੰਮਣ-ਘੇਰੀਆਂ ਵਿਚੋਂ ਪਾਰ ਨਹੀਂ ਲੰਘ ਸਕਦੀ।

42385	990	ਭਉ ਬੇੜਾ ਜੀਉ ਚੜਾਉ॥	ਚੜ੍ਹਾਉ	Bho Baerraa Jeeo Charraaoo ||	So let the Fear of God be the boat to carry your soul across.	ਜੇ ਪਰਮਾਤਮਾ ਦੇ ਡਰ-ਅਦਬ ਦੀ ਬੇੜੀ ਤਿਆਰ ਕੀਤੀ ਜਾਏ, ਤੇ ਉਸ ਬੇੜੀ ਵਿਚ ਜੀਵ ਸਵਾਰ ਹੋਵੇ,
42386	990	ਕਹੁ ਨਾਨਕ ਦੇਵੈ ਕਾਹੂ॥੪॥੨॥		Kahu Naanak Dhaevai Kaahoo ||4||2||	Says Nanak, rare are those who are blessed with this Boat. ||4||2||	ਤਾਂ ਹੀ (ਸੰਸਾਰ-ਸਮੁੰਦਰ ਦੇ ਵਿਕਾਰਾਂ ਦੀਆਂ ਘੁੰਮਣ ਘੇਰੀਆਂ ਵਿਚੋਂ) ਪਾਰ ਲੰਘ ਸਕੀਦਾ ਹੈ। (ਪਰ) ਨਾਨਕ ਆਖਦਾ ਹੈ- ਅਜੇਹੀ ਬੇੜੀ ਕਿਸੇ ਵਿਰਲੇ ਨੂੰ ਕਰਤਾਰ ਦੇਂਦਾ ਹੈ ॥੪॥੨॥
42387	990	ਮਾਰੂ ਮਹਲਾ ੧ ਘਰੁ ੧॥		Maaroo Mehalaa 1 Ghar 1 ||	Maaroo, First Mehl, First House:	

42388	990	ਕਰਣੀ ਕਾਗਦੁ ਮਨੁ ਮਸਵਾਣੀ ਬੁਰਾ ਭਲਾ ਦੁਇ ਲੇਖ ਪਏ॥		Karanee Kaagadh Man Masavaanee Buraa Bhalaa Dhue Laekh Peae ||	Actions are the paper, and the mind is the ink; good and bad are both recorded upon it.	ਹੇ ਹਰੀ! ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ (ਤੂੰ ਅਚਰਜ ਖੇਡ ਰਚੀ ਹੈ ਕਿ ਤੇਰੀ ਕੁਦਰਤਿ ਵਿਚ ਜੀਵਾਂ ਦਾ) ਆਚਰਨ, ਮਾਨੋ, ਕਾਗ਼ਜ਼ ਹੈ, ਮਨ ਦਵਾਤ ਹੈ (ਉਸ ਬਣ ਰਹੇ ਆਚਰਨ-ਕਾਗ਼ਜ਼ ਉਤੇ ਮਨ ਦੇ ਸੰਸਕਾਰਾਂ ਦੀ ਸਿਆਹੀ ਨਾਲ) ਚੰਗੇ ਮੰਦੇ (ਨਵੇਂ) ਲੇਖ ਲਿਖੇ ਜਾ ਰਹੇ ਹਨ (ਭਾਵ, ਮਨ ਵਿਚ ਹੁਣ ਤਕ ਦੇ ਇਕੱਠੇ ਹੋਏ ਸੰਸਕਾਰਾਂ ਦੀ ਪ੍ਰੇਰਨਾ ਨਾਲ ਜੀਵ ਜੇਹੜੇ ਨਵੇਂ ਚੰਗੇ ਮੰਦੇ ਕੰਮ ਕਰਦੇ ਹਨ, ਉਹ ਕੰਮ ਆਚਰਨ-ਰੂਪ ਕਾਗ਼ਜ਼ ਉਤੇ ਨਵੇਂ ਚੰਗੇ ਮੰਦੇ ਸੰਸਕਾਰ ਉੱਕਰਦੇ ਜਾਂਦੇ ਹਨ)।
42389	990	ਜਿਉ ਜਿਉ ਕਿਰਤੁ ਚਲਾਏ ਤਿਉ ਚਲੀਐ ਤਉ ਗੁਣ ਨਾਹੀ ਅੰਤੁ ਹਰੇ॥੧॥		Jio Jio Kirath Chalaaeae Thio Chaleeai Tho Gun Naahee Anth Harae ||1||	As their past actions drive them, so are mortals driven. There is no end to Your Glorious Virtues, Lord. ||1||	(ਇਸ ਤਰ੍ਹਾਂ) ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ-ਰੂਪ ਸੁਭਾਉ ਜਿਉਂ ਜਿਉਂ ਜੀਵਾਂ ਨੂੰ ਪ੍ਰੇਰਦਾ ਹੈ ਤਿਵੇਂ ਤਿਵੇਂ ਹੀ ਉਹ ਜੀਵਨ-ਰਾਹ ਤੇ ਤੁਰ ਸਕਦੇ ਹਨ ॥੧॥
42390	990	ਚਿਤ ਚੇਤਸਿ ਕੀ ਨਹੀ ਬਾਵਰਿਆ॥		Chith Chaethas Kee Nehee Baavariaa ||	Why do you not keep Him in your consciousness, you mad man?	ਹੇ ਕਮਲੇ ਮਨ! ਤੂੰ ਪਰਮਾਤਮਾ ਨੂੰ ਕਿਉਂ ਯਾਦ ਨਹੀਂ ਕਰਦਾ?

42391	990	ਹਰਿ ਬਿਸਰਤ ਤੇਰੇ ਗੁਣ ਗਲਿਆ॥੧॥ਰਹਾਉ ॥		Har Bisarath Thaerae Gun Galiaa ||1|| Rehaao ||	Forgetting the Lord, your own virtues shall rot away. ||1||Pause||	ਜਿਉਂ ਜਿਉਂ ਤੂੰ ਪਰਮਾਤਮਾ ਨੂੰ ਵਿਸਾਰ ਰਿਹਾ ਹੈਂ, ਤਿਉਂ ਤਿਉਂ ਤੇਰੇ (ਅੰਦਰੋਂ) ਗੁਣ ਘਟਦੇ ਜਾ ਰਹੇ ਹਨ ॥੧॥ ਰਹਾਉ ॥
42392	990	ਜਾਲੀ ਰੈਨਿ ਜਾਲੁ ਦਿਨੁ ਹੂਆ ਜੇਤੀ ਘੜੀ ਫਾਹੀ ਤੇਤੀ॥	ਜਾਲ਼ੀ, ਜਾਲ਼ੁ: ਪੋਲਾ ਬੋਲੋ	Jaalee Rain Jaal Dhin Hooaa Jaethee Gharree Faahee Thaethee ||	The night is a net, and the day is a net; there are as many traps as there are moments.	(ਹੇ ਮਨ-ਪੰਛੀ! ਪਰਮਾਤਮਾ ਨੂੰ ਵਿਸਾਰਨ ਨਾਲ ਤੇਰੀ ਜ਼ਿੰਦਗੀ ਦਾ ਹਰੇਕ) ਦਿਨ ਤੇ ਹਰੇਕ ਰਾਤ (ਤੈਨੂੰ ਮਾਇਆ ਵਿਚ ਫਸਾਣ ਲਈ) ਜਾਲ ਦਾ ਕੰਮ ਦੇ ਰਿਹਾ ਹੈ, ਤੇਰੀ ਉਮਰ ਦੀਆਂ ਜਿਤਨੀਆਂ ਭੀ ਘੜੀਆਂ ਹਨ ਉਹ ਸਾਰੀਆਂ ਹੀ (ਤੈਨੂੰ ਫਸਾਣ ਹਿਤ) ਫਾਹੀ ਬਣਦੀਆਂ ਜਾ ਰਹੀਆਂ ਹਨ।
42393	990	ਰਸਿ ਰਸਿ ਚੋਗ ਚੁਗਹਿ ਨਿਤ ਫਾਸਹਿ ਛੂਟਸਿ ਮੂੜੇ ਕਵਨ ਗੁਣੀ॥੨॥		Ras Ras Chog Chugehi Nith Faasehi Shhoottas Moorrae Kavan Gunee ||2||	With relish and delight, you continually bite at the bait; you are trapped, you fool - how will you ever escape? ||2||	ਤੂੰ ਬੜੇ ਸੁਆਦ ਲੈ ਲੈ ਕੇ ਵਿਕਾਰਾਂ ਦੀ ਚੋਗ ਚੁਗ ਰਿਹਾ ਹੈਂ ਤੇ ਵਿਕਾਰਾਂ ਵਿਚ ਹੋਰ ਹੋਰ ਸਦਾ ਫਸਦਾ ਜਾ ਰਿਹਾ ਹੈਂ, ਹੇ ਮੂਰਖ ਮਨ! ਇਹਨਾਂ ਵਿਚੋਂ ਕੇਹੜੇ ਗੁਣਾਂ ਦੀ ਮਦਦ ਨਾਲ ਖ਼ਲਾਸੀ ਹਾਸਲ ਕਰੇਂਗਾ? ॥੨॥

42394	990	ਕਾਇਆ ਆਰਣੁ ਮਨੁ ਵਿਚਿ ਲੋਹਾ ਪੰਚ ਅਗਨਿ ਤਿਤੁ ਲਾਗਿ ਰਹੀ॥		Kaaeiaa Aaran Man Vich Lohaa Panch Agan Thith Laag Rehee ||	The body is a furnace, and the mind is the iron within it; the five fires are heating it.	ਮਨੁੱਖ ਦਾ ਸਰੀਰ, ਮਾਨੋ, (ਲੋਹਾਰ ਦੀ) ਭੱਠੀ ਹੈ, ਉਸ ਭੱਠੀ ਵਿਚ ਮਨ, ਮਾਨੋ, ਲੋਹਾ ਹੈ ਤੇ ਉਸ ਉਤੇ ਕਾਮਾਦਿਕ ਪੰਜ ਅੱਗਾਂ ਬਲ ਰਹੀਆਂ ਹਨ,
42395	990	ਕੋਇਲੇ ਪਾਪ ਪੜੇ ਤਿਸੁ ਊਪਰਿ ਮਨੁ ਜਲਿਆ ਸੰਨ੍ਹੀ ਚਿੰਤ ਭਈ॥੩॥	ਪੜੇ: ੜ ਹਲੰਤ ਨਹੀਂ ਲਾਉਣਾ	Koeilae Paap Parrae This Oopar Man Jaliaa Sannhee Chinth Bhee ||3||	Sin is the charcoal placed upon it, which burns the mind; the tongs are anxiety and worry. ||3||	(ਕਾਮਾਦਿਕ ਦੀ ਤਪਸ਼ ਨੂੰ ਤੇਜ਼ ਕਰਨ ਲਈ) ਉਸ ਉਤੇ ਪਾਪਾਂ ਦੇ (ਭਖਦੇ) ਕੋਲੇ ਪਏ ਹੋਏ ਹਨ, ਮਨ (ਇਸ ਅੱਗ ਵਿਚ) ਸੜ ਰਿਹਾ ਹੈ, ਚਿੰਤਾ ਦੀ ਸੰਨ੍ਹੀ ਹੈ (ਜੋ ਇਸ ਨੂੰ ਚੋਭਾਂ ਦੇ ਦੇ ਕੇ ਹਰ ਪਾਸੇ ਵਲੋਂ ਸਾੜਨ ਵਿਚ ਮਦਦ ਦੇ ਰਹੀ ਹੈ) ॥੩॥
42396	990	ਭਇਆ ਮਨੂਰੁ ਕੰਚਨੁ ਫਿਰਿ ਹੋਵੈ ਜੇ ਗੁਰੁ ਮਿਲੈ ਤਿਨੇਹਾ॥		Bhaeiaa Manoor Kanchan Fir Hovai Jae Gur Milai Thinaehaa ||	What was turned to slag is again transformed into gold, if one meets with the Guru.	ਪਰ ਜੇ ਸਮਰੱਥ ਗੁਰੂ ਮਿਲ ਪਏ ਤਾਂ ਉਹ ਸੜ ਕੇ ਨਿਕੰਮਾ ਲੋਹਾ ਹੋ ਚੁਕੇ ਮਨ ਨੂੰ ਭੀ ਸੋਨਾ ਬਣਾ ਦੇਂਦਾ ਹੈ।
42397	990	ਏਕੁ ਨਾਮੁ ਅੰਮ੍ਰਿਤੁ ਓਹੁ ਦੇਵੈ ਤਉ ਨਾਨਕ ਤ੍ਰਿਸਟਸਿ ਦੇਹਾ॥੪॥੩॥	(ਤ੍ਰਿਸਟਸਿ) ਇਸਥਿੱਤ	Eaek Naam Anmrith Ouhu Dhaevai Tho Naanak Thrisattas Dhaehaa ||4||3||	He blesses the mortal with the Ambrosial Name of the One Lord, and then, O Nanak, the body is held steady. ||4||3||	ਹੇ ਨਾਨਕ! ਉਹ (ਗੁਰੂ) ਆਤਮਕ ਜੀਵਨ ਦੇਣ ਵਾਲਾ ਪਰਮਾਤਮਾ ਦਾ ਨਾਮ ਦੇਂਦਾ ਹੈ ਜਿਸ ਦੀ ਬਰਕਤਿ ਨਾਲ ਸਰੀਰ ਟਿਕ ਜਾਂਦਾ ਹੈ (ਭਾਵ, ਇੰਦ੍ਰੇ ਵਿਕਾਰਾਂ ਵਲੋਂ ਹਟ ਜਾਂਦੇ ਹਨ) ॥੪॥੩॥

42398	990	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
42399	990	ਬਿਮਲ ਮਝਾਰਿ ਬਸਸਿ ਨਿਰਮਲ ਜਲ ਪਦਮਨਿ ਜਾਵਲ ਰੇ॥	(ਬਿਮਲ)ਉੱਜਲ। ਪਦਮਨਿ ਕਵਲ। (ਜਾਵਲ) ਜਾਲਾ। (ਦੂਜਾ ਪਾਠ: ਪਦਮ ਨਿਜਾਵਲ)	Bimal Majhaar Basas Niramal Jal Padhaman Jaaval Rae ||	In the pure, immaculate waters, both the lotus and the slimy scum are found.	(ਹੇ ਡੱਡੂ!) ਸਾਫ਼ ਸਰੋਵਰ ਦੇ ਸਾਫ਼ ਸੁਥਰੇ ਪਾਣੀ ਵਿਚ ਕੌਲ ਫੁੱਲ ਤੇ ਜਾਲਾ ਵੱਸਦੇ ਹਨ।
42400	990	ਪਦਮਨਿ ਜਾਵਲ ਜਲ ਰਸ ਸੰਗਤਿ ਸੰਗਿ ਦੋਖ ਨਹੀ ਰੇ॥੧॥	(ਰਸ) ਪਾਣੀ	Padhaman Jaaval Jal Ras Sangath Sang Dhokh Nehee Rae ||1||	The lotus flower is with the scum and the water, but it remains untouched by any pollution. ||1||	ਕੌਲ ਫੁੱਲ ਉਸ ਜਾਲੇ ਤੇ ਪਾਣੀ ਦੀ ਸੰਗਤ ਵਿਚ ਰਹਿੰਦਾ ਹੈ, ਪਰ ਉਹਨਾਂ ਦੀ ਸੰਗਤ ਵਿਚ ਉਸ ਨੂੰ ਕੋਈ ਦਾਗ਼ ਨਹੀਂ ਲੱਗਦੇ (ਕੌਲ ਫੁੱਲ ਨਿਰਲੇਪ ਹੀ ਰਹਿੰਦਾ ਹੈ) ॥੧॥
42401	990	ਦਾਦਰ ਤੂ ਕਬਹਿ ਨ ਜਾਨਸਿ ਰੇ॥	ਦਾਦਰ:ਪੋਲਾ ਬੋਲੋ	Dhaadhar Thoo Kabehi N Jaanas Rae ||	You frog, you will never understand.	ਹੇ ਡੱਡੂ! ਤੂੰ ਕਦੇ ਭੀ ਸਮਝ ਨਹੀਂ ਕਰਦਾ।
42402	990	ਭਖਸਿ ਸਿਬਾਲੁ ਬਸਸਿ ਨਿਰਮਲ ਜਲ ਅੰਮ੍ਰਿਤੁ ਨ ਲਖਸਿ ਰੇ॥੧॥ਰਹਾਉ॥	ਭਖਸਿ ਖਾਂਦਾ ਹੈਂ। (ਸਿਬਾਲੁ) ਜਾਲਾ	Bhakhas Sibaal Basas Niramal Jal Anmrith N Lakhas Rae ||1|| Rehaao ||	You eat the dirt, while you dwell in the immaculate waters. You know nothing of the ambrosial nectar there. ||1||Pause||	ਤੂੰ ਸਾਫ਼-ਸੁਥਰੇ ਪਾਣੀ ਵਿਚ ਵੱਸਦਾ ਹੈਂ, ਪਰ ਤੂੰ ਉਸ ਸਾਫ਼-ਪਵਿਤ੍ਰ ਪਾਣੀ ਨੂੰ ਪਛਾਣਦਾ ਨਹੀਂ (ਉਸ ਦੀ ਕਦਰ ਨਹੀਂ ਜਾਣਦਾ, ਤੇ ਸਦਾ) ਜਾਲਾ ਹੀ ਖਾਂਦਾ ਰਹਿੰਦਾ ਹੈਂ (ਜੋ ਉਸ ਸਾਫ਼ ਪਾਣੀ ਵਿਚ ਪੈ ਜਾਂਦਾ ਹੈ) ॥੧॥ ਰਹਾਉ ॥

42403	990	ਬਸੁ ਜਲ ਨਿਤ ਨ ਵਸਤ ਅਲੀ ਅਲ ਮੇਰ ਚ ਚਾਗੁਨ ਰੇ॥	ਡੱਡੂ ਜਲ ਚ ਨਿੱਤ ਵਸਦਾ ਹੈ। ਗੁਰਸੇਵਕਣ ਰੂਪੀ (ਅਲੀ) ਭੌਰੀ। ਗੁਰਸੇਵਕ (ਅਲ) ਭੌਰਾ। ਮੇਰ ਉੱਪਰੋਂ ਭਾਵ ਬਾਹਰੋਂ ਚਾਗੁਨ ਚੁਣ ਲੈਂਦੇ ਹਨ ਗੁਣਾਂ ਨੂੰ। ਬਸੁ ਜਲ: ਪੋਲੇ ਬੋਲੋ। (ਦੂਜਾ ਪਾਠ: ਚਚਾ ਗੁਨ)	Bas Jal Nith N Vasath Aleeal Maer Chachaa Gun Rae ||	You dwell continually in the water; the bumble bee does not dwell there, but it is intoxicated with its fragrance from afar.	ਹੇ ਡੱਡੂ! (ਤੇਰਾ) ਸਦਾ ਪਾਣੀ ਦਾ ਵਾਸ ਹੈ, ਭੌਰਾ (ਪਾਣੀ ਵਿਚ) ਨਹੀਂ ਵੱਸਦਾ, (ਫਿਰ ਭੀ) ਉਹ (ਫੁੱਲ ਦੀ) ਚੋਟੀ ਦਾ ਰਸ ਮਾਣਦਾ ਹੈ (ਚੂਸਦਾ ਹੈ)।
42404	990	ਚੰਦ ਕੁਮੁਦਨੀ ਦੂਰਹੁ ਨਿਵਸਸਿ ਅਨਭਉ ਕਾਰਨਿ ਰੇ॥੨॥	(ਕੁਮੁਦਨੀ) ਕਵੀਆਂ। (ਨਿਵਸਸਿ) ਨਿਉਂਦੀਆਂ ਹਨ। ਰਿਦੇ ਦਾ (ਅਨ-ਭਉ) ਤਾਤ ਪਰਯ। ਕੁ-ਮੁਦਨੀ, ਨਿਵ-ਸਸਿ: ਪੋਲੇ ਬੋਲੋ	Chandh Kumudhanee Dhoorahu Nivasas Anabho Kaaran Rae ||2||	Intuitively sensing the moon in the distance, the lotus bows its head. ||2||	ਕੰਮੀ ਚੰਦ ਨੂੰ ਦੂਰੋਂ ਹੀ (ਵੇਖ ਕੇ ਖਿੜ ਕੇ) ਸਿਰ ਨਿਵਾਂਦੀ ਹੈ, ਕਿਉਂਕਿ ਉਸ ਦੇ ਅੰਦਰ ਚੰਦ ਵਾਸਤੇ ਦਿਲੀ ਖਿੱਚ ਹੈ ॥੨॥

42405	990	ਅੰਮ੍ਰਿਤ ਖੰਡੁ ਦੂਧਿ ਮਧੁ ਸੰਚਸਿ ਤੂਬ ਨ ਚਾਤੁਰ ਰੇ॥	ਅੰਮ੍ਰਿਤ ਦੁੱਧ ਸਹਿਦ ਨਾਲ ਕੌੜਤੁੰਮੇ ਦੀ ਬੇਲ ਸਿੰਜੀ ਜਾਵੇ, ਉਸ ਨਾਲ਼ ਲੱਗਿਆ ਤੁੰਮਾ, ਚਾਤੁਰ ਹੋ ਕੇ ਕੁੜੱਤਣ ਨਹੀਂ ਛੱਡਦਾ। ਕੌੜਤੁੰਮੇ ਵਾਂਗ ਸਾਕਤ, ਚਾਤੁਰ ਹੋ ਕੇ ਔਗੁਣਾ ਵਿਕਾਰਾਂ ਦੀ ਕੁੜੱਤਣ ਨਹੀਂ ਛੱਡਦਾ। (ਨਾਮੁ) ਅੰਮ੍ਰਿਤ। (ਖੰਡੁ) ਭਗਤੀ। ਨਿਸ਼ਕਾਮ ਕਰਮ ਦੂਧਿ। (ਮਧੁ) ਪ੍ਰੇਮ ਸ਼ਹਿਦ। ਮਧੁ: ਪੋਲਾ ਬੋਲੋ। (ਦੂਜਾ ਪਾਠ: ਤੂ ਬਨ)	Anmrith Khandd Dhoodhh Madhh Sanchas Thoo Ban Chaathur Rae ||	The realms of nectar are irrigated with milk and honey; you think you are clever to live in the water.	(ਥਣ ਦੇ) ਦੁੱਧ ਵਿਚ (ਪਰਮਾਤਮਾ) ਖੰਡ ਤੇ ਸ਼ਹਿਦ (ਵਰਗੀ) ਅੰਮ੍ਰਿਤ (ਮਿਠਾਸ ਇਕੱਠੀ ਕਰਦਾ ਹੈ, ਪਰ ਜਿਵੇਂ (ਥਣ ਨੂੰ ਚੰਬੜੇ ਹੋਏ) ਚਿੱਚੜ ਦੀ (ਲਹੂ ਨਾਲ ਹੀ) ਪ੍ਰੀਤ ਹੈ (ਦੁੱਧ ਨਾਲ ਨਹੀਂ, ਤਿਵੇਂ) ਹੇ ਪਾਣੀ ਦੇ ਚਤੁਰ ਡੱਡੂ।
42406	990	ਅਪਨਾ ਆਪੁ ਤੂ ਕਬਹੁ ਨ ਛੋਡਸਿ ਪਿਸਨ ਪ੍ਰੀਤਿ ਜਿਉ ਰੇ॥੩॥	ਸੰਤ ਦੋਖੀ ਰੂਪੀ (ਪਿਸਨ) ਚਿੱਚੜ	Apanaa Aap Thoo Kabahu N Shhoddas Pisan Preeth Jio Rae ||3||	You can never escape your own inner tendencies, like the love of the flea for blood. ||3||	ਤੂੰ (ਭੀ) ਆਪਣਾ ਸੁਭਾਉ ਕਦੇ ਨਹੀਂ ਛੱਡਦਾ (ਪਾਣੀ ਵਿਚ ਵੱਸਦੇ ਕੌਲ ਫੁੱਲ ਦੀ ਤੈਨੂੰ ਸਾਰ ਨਹੀਂ, ਤੂੰ ਪਾਣੀ ਦਾ ਜਾਲਾ ਹੀ ਖ਼ੁਸ਼ ਹੋ ਹੋ ਕੇ ਖਾਂਦਾ ਹੈਂ) ॥੩॥

42407	990	ਪੰਡਿਤ ਸੰਗਿ ਵਸਹਿ ਜਨ ਮੂਰਖ ਆਗਮ ਸਾਸ ਸੁਨੇ॥		Panddith Sang Vasehi Jan Moorakh Aagam Saas Sunae ||	The fool may live with the Pandit, the religious scholar, and listen to the Vedas and the Shaastras.	ਵਿਦਵਾਨਾਂ ਦੀ ਸੰਗਤ ਵਿਚ ਮੂਰਖ ਬੰਦੇ ਵੱਸਦੇ ਹਨ, ਉਹਨਾਂ ਪਾਸੋਂ ਉਹ ਵੇਦ ਸ਼ਾਸਤ੍ਰ ਭੀ ਸੁਣਦੇ ਹਨ (ਪਰ ਰਹਿੰਦੇ ਮੂਰਖ ਹੀ ਹਨ। ਆਪਣਾ ਮੂਰਖਤਾ ਦਾ ਸੁਭਾਉ ਨਹੀਂ ਛੱਡਦੇ),
42408	990	ਅਪਨਾ ਆਪੁ ਤੂ ਕਬਹੁ ਨ ਛੋਡਸਿ ਸੁਆਨ ਪੂਛਿ ਜਿਉ ਰੇ॥੪॥		Apanaa Aap Thoo Kabahu N Shhoddas Suaan Pooshh Jio Rae ||4||	You can never escape your own inner tendencies, like the crooked tail of the dog. ||4||	ਜਿਵੇਂ ਕੁੱਤੇ ਦੀ ਪੂਛਲ (ਕਦੇ ਆਪਣਾ ਟੇਢਾ-ਪਨ ਨਹੀਂ ਛੱਡਦੀ, ਤਿਵੇਂ ਹੇ ਡੱਡੂ!) ਤੂੰ ਕਦੇ ਆਪਣਾ ਸੁਭਾਉ ਨਹੀਂ ਛੱਡਦਾ ॥੪॥
42409	990	ਇਕਿ ਪਾਖੰਡੀ ਨਾਮਿ ਨ ਰਾਚਹਿ ਇਕਿ ਹਰਿ ਹਰਿ ਚਰਣੀ ਰੇ॥		Eik Paakhanddee Naam N Raachehi Eik Har Har Charanee Rae ||	Some are hypocrites; they do not merge with the Naam, the Name of the Lord. Some are absorbed in the Feet of the Lord, Har, Har.	ਕਈ ਐਸੇ ਪਖੰਡੀ ਬੰਦੇ ਹੁੰਦੇ ਹਨ ਜੋ ਪਰਮਾਤਮਾ ਦੇ ਨਾਮ ਵਿਚ ਪਿਆਰ ਨਹੀਂ ਪਾਂਦੇ (ਸਦਾ ਪਖੰਡ ਵਲ ਹੀ ਰੁਚੀ ਰੱਖਦੇ ਹਨ), ਕਈ ਐਸੇ ਹਨ (ਭਾਗਾਂ ਵਾਲੇ) ਜੋ ਪ੍ਰਭੂ-ਚਰਨਾਂ ਵਿਚ ਸੁਰਤ ਜੋੜਦੇ ਹਨ।
42410	990	ਪੂਰਬਿ ਲਿਖਿਆ ਪਾਵਸਿ ਨਾਨਕ ਰਸਨਾ ਨਾਮੁ ਜਪਿ ਰੇ॥੫॥੪॥		Poorab Likhiaa Paavas Naanak Rasanaa Naam Jap Rae ||5||4||	The mortals obtain what they are predestined to receive; O Nanak, with your tongue, chant the Naam. ||5||4||	ਹੇ ਨਾਨਕ! ਤੂੰ ਪਰਮਾਤਮਾ ਦਾ ਨਾਮ ਆਪਣੀ ਜੀਭ ਨਾਲ ਜਪਿਆ ਕਰ, ਧੁਰੋਂ ਪਰਮਾਤਮਾ ਵਲੋਂ ਲਿਖੀ ਬਖ਼ਸ਼ਸ਼ ਅਨੁਸਾਰ ਤੈਨੂੰ ਇਹ ਦਾਤ ਪ੍ਰਾਪਤ ਹੋ ਜਾਇਗੀ ॥੫॥੪॥
42411	990	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl,	

42412	990	ਸਲੋਕੁ॥		Salok ||	Shalok:	
42413	990	ਪਤਿਤ ਪੁਨੀਤ ਅਸੰਖ ਹੋਹਿ ਹਰਿ ਚਰਨੀ ਮਨੁ ਲਾਗ॥		Pathith Puneeth Asankh Hohi Har Charanee Man Laag ||	Countless sinners are sanctified, attaching their minds to the Feet of the Lord.	ਬੇਅੰਤ ਉਹ ਵਿਕਾਰੀ ਬੰਦੇ ਭੀ ਪਵਿਤ੍ਰ ਹੋ ਜਾਂਦੇ ਹਨ ਜਿਨ੍ਹਾਂ ਦਾ ਮਨ ਪਰਮਾਤਮਾ ਦੇ ਚਰਨਾਂ ਵਿਚ ਲੱਗ ਜਾਂਦਾ ਹੈ।
42414	990	ਅਠਸਠਿ ਤੀਰਥ ਨਾਮੁ ਪ੍ਰਭ ਨਾਨਕ ਜਿਸੁ ਮਸਤਕਿ ਭਾਗ॥੧॥		Athasath Theerathh Naam Prabh Naanak Jis Masathak Bhaag ||1||	The merits of the sixty-eight places of pilgrimage are found in God's Name, O Nanak, when such destiny is inscribed upon one's forehead. ||1||	ਅਠਾਹਠ ਤੀਰਥ ਪਰਮਾਤਮਾ ਦਾ ਨਾਮ ਹੀ ਹੈ, ਪਰ, ਹੇ ਨਾਨਕ! (ਇਹ ਨਾਮ ਉਸ ਨੂੰ ਹੀ ਮਿਲਦਾ ਹੈ) ਜਿਸ ਦੇ ਮੱਥੇ ਉਤੇ (ਚੰਗੇ) ਭਾਗ ਹੋਣ ॥੧॥
42415	990	ਸਬਦੁ॥		Sabadh ||	Shabad:	
42416	990	ਸਖੀ ਸਹੇਲੀ ਗਰਬਿ ਗਹੇਲੀ॥		Sakhee Sehaelee Garab Gehaelee ||	O friends and companions, so puffed up with pride,	ਹੇ ਆਪਣੇ ਹੀ ਰਸ-ਮਾਣ ਵਿਚ ਮੱਤੀ ਸਖੀਏ! ਮੇਰੀਏ ਸਹੇਲੀਏ! (ਹੇ ਮੇਰੇ ਕੰਨ! ਹੇ ਮੇਰੀ ਜੀਭ!)।
42417	990	ਸੁਣਿ ਸਹ ਕੀ ਇਕ ਬਾਤ ਸੁਹੇਲੀ॥੧॥		Sun Seh Kee Eik Baath Suhaelee ||1||	Listen to this one joyous story of your Husband Lord. ||1||	ਖਸਮ-ਪ੍ਰਭੂ ਦੀ ਹੀ ਸਿਫ਼ਤ-ਸਾਲਾਹ ਦੀ ਹੀ ਗੱਲ ਸੁਣ (ਤੇ ਕਰ), ਇਹ ਗੱਲ ਸੁਖ ਦੇਣ ਵਾਲੀ ਹੈ ॥੧॥
42418	990	ਜੋ ਮੈ ਬੇਦਨ ਸਾ ਕਿਸੁ ਆਖਾ ਮਾਈ॥		Jo Mai Baedhan Saa Kis Aakhaa Maaee ||	Who can I tell about my pain, O my mother?	ਹੇ (ਮੇਰੀ) ਮਾਂ! ਮੈਂ ਕਿਸ ਨੂੰ ਦੱਸਾਂ ਆਪਣੇ ਦਿਲ ਦੀ ਪੀੜ? (ਬਿਗਾਨੀ ਪੀੜ ਦੀ ਸਾਰ ਕੋਈ ਸਮਝ ਨਹੀਂ ਸਕਦਾ)।

42419	990	ਹਰਿ ਬਿਨੁ ਜੀਉ ਨ ਰਹੈ ਕੈਸੇ ਰਾਖਾ ਮਾਈ॥੧॥ਰਹਾਉ॥		Har Bin Jeeo N Rehai Kaisae Raakhaa Maaee ||1|| Rehaao ||	Without the Lord, my soul cannot survive; how can I comfort it, O my mother? ||1||Pause||	ਹੇ ਮਾਂ! ਪਰਮਾਤਮਾ (ਦੀ ਯਾਦ) ਤੋਂ ਬਿਨਾ ਮੇਰੀ ਜਿੰਦ ਰਹਿ ਨਹੀਂ ਸਕਦੀ। ਸਿਮਰਨ ਤੋਂ ਬਿਨਾ ਮੈਨੂੰ ਕੋਈ ਹੋਰ ਤਰੀਕਾ ਸੁੱਝਦਾ ਨਹੀਂ ਜਿਸ ਨਾਲ ਮੈਂ ਇਸ ਨੂੰ ਘਬਰਾਹਟ ਤੋਂ ਬਚਾ ਸਕਾਂ ॥੧॥ ਰਹਾਉ ॥
42420	990	ਹਉ ਦੋਹਾਗਣਿ ਖਰੀ ਰੰਞਾਣੀ॥		Ho Dhohaagan Kharee Rannjaanee ||	I am a dejected, discarded bride, totally miserable.	(ਜੇ ਮੇਰਾ ਇਕ ਸੁਆਸ ਭੀ ਪ੍ਰਭੂ-ਮਿਲਾਪ ਤੋਂ ਬਿਨਾ ਲੰਘੇ ਤਾਂ) ਮੈਂ (ਆਪਣੇ ਆਪ ਨੂੰ) ਮੰਦੇ ਭਾਗਾਂ ਵਾਲੀ (ਸਮਝਦੀ ਹਾਂ), ਮੈਂ ਬੜੀ ਦੁਖੀ (ਹੁੰਦੀ ਹਾਂ),
42421	990	ਗਇਆ ਸੁ ਜੋਬਨੁ ਧਨ ਪਛੁਤਾਣੀ॥੨॥		Gaeiaa S Joban Dhhan Pashhuthaanee ||2||	I have lost my youth; I regret and repent. ||2||	(ਜਿਵੇਂ) ਜਿਸ ਇਸਤ੍ਰੀ ਦਾ ਜਦੋਂ ਉਹ ਜੋਬਨ ਲੰਘ ਜਾਂਦਾ ਹੈ ਜੋ ਉਸ ਨੂੰ ਪਤੀ ਨਾਲ ਮਿਲਾ ਸਕਦਾ ਹੈ ਤਾਂ ਉਹ ਪਛੁਤਾਂਦੀ ਹੈ ॥੨॥
42422	990	ਤੂ ਦਾਨਾ ਸਾਹਿਬੁ ਸਿਰਿ ਮੇਰਾ॥	ਦਾਸਨ ਦਾਸ ਦੇ (ਸਿਰਿ) ਸ਼੍ਰੋਮਣੀ ਸੁਆਮੀ ਹੋਂ ਜੀ	Thoo Dhaanaa Saahib Sir Maeraa ||	You are my wise Lord and Master, above my head.	(ਹੇ ਪ੍ਰਭੂ!) ਤੂੰ ਮੇਰੇ ਸਿਰ ਉਤੇ ਮਾਲਕ ਹੈਂ, ਤੂੰ ਮੇਰੇ ਦਿਲ ਦੀ ਜਾਣਦਾ ਹੈਂ।
42423	990	ਖਿਜਮਤਿ ਕਰੀ ਜਨੁ ਬੰਦਾ ਤੇਰਾ॥੩॥		Khijamath Karee Jan Bandhaa Thaeraa ||3||	I serve You as Your humble slave. ||3||	(ਮੇਰੀ ਤਾਂਘ ਹੈ ਕਿ) ਤੇਰੀ ਚਾਕਰੀ ਕਰਦਾ ਰਹਾਂ, ਮੈਂ ਤੇਰਾ ਦਾਸ ਬਣਿਆ ਰਹਾਂ, ਮੈਂ ਤੇਰਾ ਗ਼ੁਲਾਮ ਬਣਿਆ ਰਹਾਂ ॥੩॥
42424	990	ਭਣਤਿ ਨਾਨਕੁ ਅੰਦੇਸਾ ਏਹੀ॥		Bhanath Naanak Andhaesaa Eaehee ||	Nanak humbly prays, this is my only concern:	ਨਾਨਕ ਆਖਦਾ ਹੈ ਕਿ ਮੈਨੂੰ ਇਹੀ ਚਿੰਤਾ ਰਹਿੰਦੀ ਹੈ,

42425	990	ਬਿਨੁ ਦਰਸਨ ਕੈਸੇ ਰਵਉ ਸਨੇਹੀ॥੪॥੫॥		Bin Dharasan Kaisae Ravo Sanaehee ||4||5||	Without the Blessed Vision of my Beloved, how can I enjoy Him? ||4||5||	ਕਿ ਮੈਂ ਕਿਤੇ ਪਰਮਾਤਮਾ ਦੇ ਦਰਸ਼ਨ ਤੋਂ ਵਾਂਜਿਆ ਹੀ ਨਾਹ ਰਹਿ ਜਾਵਾਂ। ਕੋਈ ਐਸਾ ਤਰੀਕਾ ਹੋਵੇ ਜਿਸ ਨਾਲ ਮੈਂ ਉਸ ਪਿਆਰੇ ਪ੍ਰਭੂ ਨੂੰ ਮਿਲ ਸਕਾਂ ॥੪॥੫॥
42426	991	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
42427	991	ਮੁਲ ਖਰੀਦੀ ਲਾਲਾ ਗੋਲਾ ਮੇਰਾ ਨਾਉ ਸਭਾਗਾ॥		Mul Khareedhee Laalaa Golaa Maeraa Naao Sabhaagaa ||	I am Your slave, Your bonded servant, and so I am called fortunate.	(ਹੇ ਪ੍ਰਭੂ!) ਜਦੋਂ ਤੋਂ ਗੁਰੂ ਨੇ ਮੈਨੂੰ ਤੇਰਾ ਪ੍ਰੇਮ ਦੇ ਕੇ ਉਸਦੇ ਵੱਟੇ ਵਿਚ ਮੇਰਾ ਆਪਾ-ਭਾਵ ਖ਼ਰੀਦ ਲਿਆ ਹੈ, ਮੈਂ ਤੇਰਾ ਦਾਸ ਹੋ ਗਿਆ ਹਾਂ, ਮੈਂ ਤੇਰਾ ਗ਼ੁਲਾਮ ਹੋ ਗਿਆ ਹਾਂ, ਮੈਨੂੰ ਦੁਨੀਆ ਭੀ ਭਾਗਾਂ ਵਾਲਾ ਆਖਣ ਲੱਗ ਪਈ ਹੈ।
42428	991	ਗੁਰ ਕੀ ਬਚਨੀ ਹਾਟਿ ਬਿਕਾਨਾ ਜਿਤੁ ਲਾਇਆ ਤਿਤੁ ਲਾਗਾ॥੧॥		Gur Kee Bachanee Haatt Bikaanaa Jith Laaeiaa Thith Laagaa ||1||	I sold myself at Your store in exchange for the Guru's Word; whatever You link me to, to that I am linked. ||1||	ਗੁਰੂ ਦੇ ਦਰ ਤੇ ਗੁਰੂ ਦੇ ਉਪਦੇਸ਼ ਦੇ ਇਵਜ਼ ਮੈਂ ਆਪਾ-ਭਾਵ ਦੇ ਦਿੱਤਾ ਹੈ, ਹੁਣ ਜਿਸ ਕੰਮ ਵਿਚ ਮੈਨੂੰ ਗੁਰੂ ਲਾਉਂਦਾ ਹੈ ਉਸੇ ਕੰਮ ਵਿਚ ਮੈਂ ਲੱਗਾ ਰਹਿੰਦਾ ਹਾਂ ॥੧॥
42429	991	ਤੇਰੇ ਲਾਲੇ ਕਿਆ ਚਤੁਰਾਈ॥		Thaerae Laalae Kiaa Chathuraaee ||	What cleverness can Your servant try with You?	(ਪਰ ਹੇ ਪ੍ਰਭੂ!) ਮੈਨੂੰ ਤੇਰੇ ਗ਼ੁਲਾਮ ਨੂੰ ਅਜੇ ਪੂਰੀ ਸਮਝ ਨਹੀਂ ਹੈ।

42430	991	ਸਾਹਿਬ ਕਾ ਹੁਕਮੁ ਨ ਕਰਣਾ ਜਾਈ॥੧॥ਰਹਾਉ॥		Saahib Kaa Hukam N Karanaa Jaaee ||1|| Rehaao ||	O my Lord and Master, I cannot carry out the Hukam of Your Command. ||1||Pause||	ਮੈਥੋਂ, ਹੇ ਸਾਹਿਬ! ਤੇਰਾ ਹੁਕਮ ਪੂਰੇ ਤੌਰ ਤੇ ਸਿਰੇ ਨਹੀਂ ਚੜ੍ਹਦਾ (ਅਕਲ ਤਾਂ ਇਹ ਚਾਹੀਦੀ ਸੀ ਕਿ ਸੇਵਾ ਹੁਕਮ ਤੋਂ ਵਧੀਕ ਕੀਤੀ ਜਾਏ; ਪਰ ਵਾਧਾ ਕਰਨਾ ਤਾਂ ਕਿਤੇ ਰਿਹਾ, ਪੂਰੀ ਭੀ ਨਿਬਾਹੀ ਨਹੀਂ ਜਾਂਦੀ) ॥੧॥ ਰਹਾਉ ॥
42431	991	ਮਾ ਲਾਲੀ ਪਿਉ ਲਾਲਾ ਮੇਰਾ ਹਉ ਲਾਲੇ ਕਾ ਜਾਇਆ॥		Maa Laalee Pio Laalaa Maeraa Ho Laalae Kaa Jaaeiaa ||	My mother is Your slave, and my father is Your slave; I am the child of Your slaves.	(ਗੁਰੂ ਦੀ ਮੇਹਰ ਨਾਲ) ਤੇਰੇ ਹੁਕਮ ਵਿਚ ਤੁਰਨ ਵਾਲੀ (ਮੇਰੀ ਮੱਤ ਬਣੀ ਉਸ ਮੱਤ) ਮਾਂ (ਨੇ ਮੈਨੂੰ ਸੇਵਕ-ਜੀਵਨ ਵਾਲਾ ਜਨਮ ਦਿੱਤਾ), (ਤੇਰਾ ਬਖ਼ਸ਼ਿਆ ਸੰਤੋਖ) ਮੇਰਾ ਪਿਉ ਬਣਿਆ। ਮੈਨੂੰ (ਮੇਰੇ ਸੇਵਕ-ਸੁਭਾਵ ਨੂੰ) ਸੰਤੋਖ-ਪਿਉ ਤੋਂ ਹੀ ਜਨਮ ਮਿਲਿਆ।
42432	991	ਲਾਲੀ ਨਾਚੈ ਲਾਲਾ ਗਾਵੈ ਭਗਤਿ ਕਰਉ ਤੇਰੀ ਰਾਇਆ॥੨॥		Laalee Naachai Laalaa Gaavai Bhagath Karo Thaeree Raaeiaa ||2||	My slave mother dances, and my slave father sings; I practice devotional worship to You, O my Sovereign Lord. ||2||	ਹੁਣ, ਹੇ ਪ੍ਰਭੂ! ਜਿਉਂ ਜਿਉਂ ਮੈਂ ਤੇਰੀ ਭਗਤੀ ਕਰਦਾ ਹਾਂ ਮੇਰੀ ਮਾਂ (-ਮੱਤ) ਹੁਲਾਰੇ ਵਿਚ ਆਉਂਦੀ ਹੈ, ਮੇਰਾ ਪਿਉ (-ਸੰਤੋਖ) ਉਛਾਲੇ ਮਾਰਦਾ ਹੈ ॥੨॥

42433	991	ਪੀਅਹਿ ਤ ਪਾਣੀ ਆਣੀ ਮੀਰਾ ਖਾਹਿ ਤ ਪੀਸਣ ਜਾਉ॥		Peeahi Th Paanee Aanee Meeraa Khaahi Th Peesan Jaao ||	If You wish to drink, then I shall get water for You; if You wish to eat, I shall grind the corn for You.	(ਹੇ ਪ੍ਰਭੂ! ਮੈਨੂੰ ਤਾਂ ਸਮਝ ਨਹੀਂ ਕਿ ਮੈਂ ਕਿਸ ਤਰ੍ਹਾਂ ਤੇਰਾ ਹੁਕਮ ਪੂਰੇ ਤੌਰ ਤੇ ਕਮਾ ਸਕਾਂ, ਪਰ ਜੇ ਤੂੰ ਮੇਹਰ ਕਰੇਂ ਤਾਂ) ਹੇ ਪਾਤਿਸ਼ਾਹ! ਮੈਂ ਤੇਰੇ (ਬੰਦਿਆਂ) ਲਈ ਪੀਣ ਵਾਸਤੇ ਪਾਣੀ ਢੋਵਾਂ, ਤੇਰੇ (ਬੰਦਿਆਂ ਦੇ) ਖਾਣ ਵਾਸਤੇ ਚੱਕੀ ਪੀਹਾਂ,
42434	991	ਪਖਾ ਫੇਰੀ ਪੈਰ ਮਲੋਵਾ ਜਪਤ ਰਹਾ ਤੇਰਾ ਨਾਉ॥੩॥	ਚੜ੍ਹਾਉ	Pakhaa Faeree Pair Malovaa Japath Rehaa Thaeraa Naao ||3||	I wave the fan over You, and wash Your feet, and continue to chant Your Name. ||3||	ਪੱਖਾ ਫੇਰਾਂ, ਤੇਰੇ (ਬੰਦਿਆਂ ਦੇ) ਪੈਰ ਘੁੱਟਾਂ, ਤੇ ਸਦਾ ਤੇਰਾ ਨਾਮ ਜਪਦਾ ਰਹਾਂ ॥੩॥
42435	991	ਲੂਣਹਰਾਮੀ ਨਾਨਕੁ ਲਾਲਾ ਬਖਸਿਹਿ ਤੁਧੁ ਵਡਿਆਈ॥	ਬਖਸਿ-ਹਿ	Loon Haraamee Naanak Laalaa Bakhasihi Thudhh Vaddiaaee ||	I have been untrue to myself, but Nanak is Your slave; please forgive him, by Your glorious greatness.	(ਪਰ ਹੇ ਦਇਆ ਦੇ ਮਾਲਕ ਪ੍ਰਭੂ!) ਤੇਰਾ ਗ਼ੁਲਾਮ ਨਾਨਕ ਤੇਰੀ ਉਤਨੀ ਖ਼ਿਦਮਤ ਨਹੀਂ ਕਰ ਸਕਦਾ ਜਿਤਨੀਆਂ ਤੂੰ ਬਖ਼ਸ਼ਸ਼ਾਂ ਕਰ ਰਿਹਾ ਹੈਂ (ਤੇਰਾ ਗ਼ੁਲਾਮ) ਤੇਰੀਆਂ ਬਖ਼ਸ਼ਸ਼ਾਂ ਦੇ ਮੋਹ ਵਿਚ ਹੀ ਫਸ ਜਾਂਦਾ ਹੈ। ਖ਼ਿਦਮਤ ਕਰਾਣ ਵਾਸਤੇ ਭੀ ਜੇ ਤੂੰ ਆਪ ਹੀ ਮੇਹਰ ਕਰੇਂ (ਤਾਂ ਮੈਂ ਖ਼ਿਦਮਤ ਕਰ ਸਕਾਂਗਾ, ਇਸ ਵਿਚ ਭੀ) ਤੇਰੀ ਹੀ ਜੈ-ਜੈਕਾਰ ਹੋਵੇਗੀ।

42436	991	ਆਦਿ ਜੁਗਾਦਿ ਦਇਆ ਪਤਿ ਦਾਤਾ ਤੁਧੁ ਵਿਣੁ ਮੁਕਤਿ ਨ ਪਾਈ॥੪॥੬॥	ਜੁੱਗਾਦਿ	Aadh Jugaadh Dhaeiaapath Dhaathaa Thudhh Vin Mukath N Paaee ||4||6||	Since the very beginning of time, and throughout the ages, You have been the merciful and generous Lord. Without You, liberation cannot be attained. ||4||6||	ਤੂੰ ਸ਼ੁਰੂ ਤੋਂ ਹੀ ਜੁਗਾਂ ਦੇ ਸ਼ੁਰੂ ਤੋਂ ਹੀ ਦਇਆ ਦਾ ਮਾਲਕ ਹੈਂ ਦਾਤਾਂ ਦੇਂਦਾ ਆਇਆ ਹੈਂ (ਇਹਨਾਂ ਦਾਤਾਂ ਦੇ ਮੋਹ ਤੋਂ) ਖ਼ਲਾਸੀ ਤੇਰੀ ਸਹੈਤਾ ਤੋਂ ਬਿਨਾ ਨਹੀਂ ਹੋ ਸਕਦੀ ॥੪॥੬॥
42437	991	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
42438	991	ਕੋਈ ਆਖੈ ਭੂਤਨਾ ਕੋ ਕਹੈ ਬੇਤਾਲਾ॥		Koee Aakhai Bhoothanaa Ko Kehai Baethaalaa ||	Some call him a ghost; some say that he is a demon.	(ਦੁਨੀਆ ਦੇ ਲੋਕਾਂ ਨਾਲ ਡੂੰਘੀਆਂ ਸਾਂਝਾਂ ਨਾਹ ਪਾਣ ਕਰ ਕੇ) ਕੋਈ ਆਖਦਾ ਹੈ ਕਿ ਨਾਨਕ ਤਾਂ ਕੋਈ ਭੂਤ ਹੈ (ਕਿਉਂਕਿ ਇਹ ਬੰਦਿਆਂ ਤੋਂ ਤ੍ਰਹਿੰਦਾ ਹੈ) ਕੋਈ ਆਖਦਾ ਹੈ ਕਿ ਨਾਨਕ ਕੋਈ ਜਿੰਨ ਹੈ (ਜੋ ਬੰਦਿਆਂ ਤੋਂ ਪਰੇ ਪਰੇ ਜੂਹ-ਉਜਾੜ ਵਿਚ ਹੀ ਬਹੁਤਾ ਚਿਰ ਟਿਕਿਆ ਰਹਿੰਦਾ ਹੈ)।
42439	991	ਕੋਈ ਆਖੈ ਆਦਮੀ ਨਾਨਕੁ ਵੇਚਾਰਾ॥੧॥		Koee Aakhai Aadhamee Naanak Vaechaaraa ||1||	Some call him a mere mortal; O, poor Nanak! ||1||	ਪਰ ਕੋਈ ਬੰਦਾ ਆਖਦਾ ਹੈ (ਨਹੀਂ) ਨਾਨਕ ਹੈ ਤਾਂ (ਸਾਡੇ ਵਰਗਾ) ਆਦਮੀ (ਹੀ) ਉਂਞ ਹੈ ਆਜਿਜ਼ ਜੇਹਾ ॥੧॥

42440	991	ਭਇਆ ਦਿਵਾਨਾ ਸਾਹ ਕਾ ਨਾਨਕੁ ਬਉਰਾਨਾ॥	ਭ-ਇਆ	Bhaeiaa Dhivaanaa Saah Kaa Naanak Bouraanaa ||	Crazy Nanak has gone insane, after his Lord, the King.	ਮੈਂ ਸ਼ਾਹ-ਪ੍ਰਭੂ ਦੇ ਨਾਮ ਦਾ ਆਸ਼ਿਕ ਹੋ ਗਿਆ ਹਾਂ। (ਇਸ ਵਾਸਤੇ ਦੁਨੀਆ ਆਖਦੀ ਹੈ ਕਿ) ਨਾਨਕ ਝੱਲਾ ਹੋ ਗਿਆ ਹੈ
42441	991	ਹਉ ਹਰਿ ਬਿਨੁ ਅਵਰੁ ਨ ਜਾਨਾ॥੧॥ਰਹਾਉ॥		Ho Har Bin Avar N Jaanaa ||1|| Rehaao ||	I know of none other than the Lord. ||1||Pause||	ਮੈਂ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਨਾਲ ਡੂੰਘੀਆਂ ਸਾਂਝਾਂ ਨਹੀਂ ਪਾਂਦਾ ॥੧॥ ਰਹਾਉ ॥
42442	991	ਤਉ ਦੇਵਾਨਾ ਜਾਣੀਐ ਜਾ ਭੈ ਦੇਵਾਨਾ ਹੋਇ॥		Tho Dhaevaanaa Jaaneeai Jaa Bhai Dhaevaanaa Hoe ||	He alone is known to be insane, when he goes insane with the Fear of God.	(ਦੁਨੀਆ ਦੇ ਲੋਕਾਂ ਦੀਆਂ ਨਜ਼ਰਾਂ ਵਿਚ) ਉਦੋਂ ਮਨੁੱਖ ਨੂੰ ਝੱਲਾ ਸਮਝਿਆ ਜਾਂਦਾ ਹੈ, ਜਦੋਂ ਉਹ ਦੁਨੀਆ ਦੇ ਡਰ-ਫ਼ਿਕਰਾਂ ਵਲੋਂ ਬੇ-ਪਰਵਾਹ ਜੇਹਾ ਹੋ ਜਾਂਦਾ ਹੈ,
42443	991	ਏਕੀ ਸਾਹਿਬ ਬਾਹਰਾ ਦੂਜਾ ਅਵਰੁ ਨ ਜਾਣੈ ਕੋਇ॥੨॥		Eaekee Saahib Baaharaa Dhoojaa Avar N Jaanai Koe ||2||	He recognizes none other than the One Lord and Master. ||2||	ਇਕ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਨੂੰ ਨਹੀਂ ਪਛਾਣਦਾ (ਕਿਸੇ ਹੋਰ ਦੀ ਖ਼ੁਸ਼ਾਮਦ-ਮੁਥਾਜੀ ਨਹੀਂ ਕਰਦਾ) ॥੨॥
42444	991	ਤਉ ਦੇਵਾਨਾ ਜਾਣੀਐ ਜਾ ਏਕਾ ਕਾਰ ਕਮਾਇ॥		Tho Dhaevaanaa Jaaneeai Jaa Eaekaa Kaar Kamaae ||	He alone is known to be insane, if he works for the One Lord.	ਲੋਕਾਂ ਦੀਆਂ ਨਜ਼ਰਾਂ ਵਿਚ ਤਾਂ ਉਹ ਝੱਲਾ ਮੰਨਿਆ ਜਾਂਦਾ ਹੈ, ਜਦੋਂ ਮਨੁੱਖ ਸਿਰਫ਼ (ਰਜ਼ਾ ਵਿਚ ਰਾਜ਼ੀ ਰਹਿਣ ਦੀ ਹੀ) ਕਾਰ ਕਰਦਾ ਹੈ, (ਹਰੇਕ ਕਿਰਤ-ਕਾਰ ਵਿਚ ਪ੍ਰਭੂ ਦੀ ਰਜ਼ਾ ਨੂੰ ਹੀ ਮੁਖ ਮੰਨਦਾ ਹੈ)।

42445	991	ਹੁਕਮੁ ਪਛਾਣੈ ਖਸਮ ਕਾ ਦੂਜੀ ਅਵਰ ਸਿਆਣਪ ਕਾਇ॥੩॥		Hukam Pashhaanai Khasam Kaa Dhoojee Avar Siaanap Kaae ||3||	Recognizing the Hukam, the Command of his Lord and Master, what other cleverness is there? ||3||	ਜਦੋਂ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ ਸਮਝਣ ਲੱਗ ਪੈਂਦਾ ਹੈ (ਰਜ਼ਾ ਦੇ ਉਲਟ ਤੁਰਨ ਲਈ ਆਪਣੀ) ਕਿਸੇ ਹੋਰ ਚਤੁਰਾਈ ਦਾ ਆਸਰਾ ਨਹੀਂ ਲੈਂਦਾ ॥੩॥
42446	991	ਤਉ ਦੇਵਾਨਾ ਜਾਣੀਐ ਜਾ ਸਾਹਿਬ ਧਰੇ ਪਿਆਰੁ॥		Tho Dhaevaanaa Jaaneeai Jaa Saahib Dhharae Piaar ||	He alone is known to be insane, when he falls in love with his Lord and Master.	ਤਦੋਂ ਉਹ ਮਨੁੱਖ (ਦੁਨੀਆ ਦੀਆਂ ਨਿਗਾਹਾਂ ਵਿਚ) ਝੱਲਾ ਜਾਣਿਆ ਜਾਂਦਾ ਹੈ, ਜਦੋਂ ਉਹ ਮਾਲਿਕ-ਪ੍ਰਭੂ ਦਾ ਪਿਆਰ ਹੀ (ਆਪਣੇ ਹਿਰਦੇ ਵਿਚ) ਟਿਕਾਈ ਰੱਖਦਾ ਹੈ,
42447	991	ਮੰਦਾ ਜਾਣੈ ਆਪ ਕਉ ਅਵਰੁ ਭਲਾ ਸੰਸਾਰੁ॥੪॥੭॥		Mandhaa Jaanai Aap Ko Avar Bhalaa Sansaar ||4||7||	He sees himself as bad, and all the rest of the world as good. ||4||7||	ਜਦੋਂ ਆਪਣੇ ਆਪ ਨੂੰ (ਹੋਰ ਸਭਨਾਂ ਨਾਲੋਂ) ਮਾੜਾ ਸਮਝਦਾ ਹੈ, ਜਦੋਂ ਹੋਰ ਜਗਤ ਨੂੰ ਆਪਣੇ ਨਾਲੋਂ ਚੰਗਾ ਸਮਝਦਾ ਹੈ ॥੪॥੭॥
42448	991	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
42449	991	ਇਹੁ ਧਨੁ ਸਰਬ ਰਹਿਆ ਭਰਪੂਰਿ॥		Eihu Dhhan Sarab Rehiaa Bharapoor ||	This wealth is all-pervading, permeating all.	(ਪਰਮਾਤਮਾ ਹਰ ਥਾਂ ਜ਼ੱਰੇ ਜ਼ੱਰੇ ਵਿਚ ਵਿਆਪਕ ਹੈ, ਉਸ ਦਾ) ਇਹ ਨਾਮ-ਧਨ (ਭੀ) ਸਭ ਵਿਚ ਮੌਜੂਦ ਹੈ, (ਗੁਰੂ ਦੀ ਸਰਨ ਪਿਆਂ ਉਸ ਪਰਮਾਤਮਾ ਨੂੰ ਹਰ ਥਾਂ ਹੀ ਵੇਖ ਸਕੀਦਾ ਹੈ ਤੇ ਉਸ ਦੀ ਯਾਦ ਨੂੰ ਹਿਰਦੇ ਵਿਚ ਵਸਾ ਸਕੀਦਾ ਹੈ),

42450	991	ਮਨਮੁਖ ਫਿਰਹਿ ਸਿ ਜਾਣਹਿ ਦੂਰਿ॥੧॥		Manamukh Firehi S Jaanehi Dhoor ||1||	The self-willed manmukh wanders around, thinking that it is far away. ||1||	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ (ਮਾਇਆ ਦੀ ਖ਼ਾਤਰ) ਭਟਕਦੇ ਫਿਰਦੇ ਹਨ, ਅਤੇ ਉਹ ਬੰਦੇ (ਪਰਮਾਤਮਾ ਨੂੰ, ਪਰਮਾਤਮਾ ਦੇ ਨਾਮ-ਧਨ ਨੂੰ) ਕਿਤੇ ਦੂਰ ਦੁਰੇਡੇ ਥਾਂ ਤੇ ਸਮਝਦੇ ਹਨ ॥੧॥
42451	991	ਸੋ ਧਨੁ ਵਖਰੁ ਨਾਮੁ ਰਿਦੈ ਹਮਾਰੈ॥	ਵੱਖਰੁ	So Dhhan Vakhar Naam Ridhai Hamaarai ||	That commodity, the wealth of the Naam, is within my heart.	ਹੇ ਪ੍ਰਭੂ! (ਮੇਹਰ ਕਰ) ਤੇਰਾ ਇਹ ਨਾਮ-ਧਨ ਇਹ ਨਾਮ-ਵੱਖਰ ਮੇਰੇ ਹਿਰਦੇ ਵਿਚ ਭੀ ਵੱਸ ਪਏ।
42452	991	ਜਿਸੁ ਤੂ ਦੇਹਿ ਤਿਸੈ ਨਿਸਤਾਰੈ॥੧॥ਰਹਾਉ ॥		Jis Thoo Dhaehi Thisai Nisathaarai ||1|| Rehaao ||	Whoever You bless with it, is emancipated. ||1||Pause||	ਜਿਸ ਮਨੁੱਖ ਨੂੰ ਤੂੰ ਆਪਣਾ ਨਾਮ-ਧਨ ਨਾਮ-ਵੱਖਰ ਦੇਂਦਾ ਹੈਂ ਉਸ ਨੂੰ ਇਹ ਨਾਮ-ਧਨ (ਮਾਇਆ ਦੀ ਤ੍ਰਿਸ਼ਨਾ ਦੇ ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੧॥ ਰਹਾਉ ॥
42453	991	ਨ ਇਹੁ ਧਨੁ ਜਲੈ ਨ ਤਸਕਰੁ ਲੈ ਜਾਇ॥		N Eihu Dhhan Jalai N Thasakar Lai Jaae ||	This wealth does not burn; it cannot be stolen by a thief.	(ਹਿਰਦੇ ਵਿਚ ਵਸਾਇਆ ਹੋਇਆ ਪਰਮਾਤਮਾ ਦਾ ਨਾਮ) ਇਕ ਐਸਾ ਧਨ ਹੈ ਜੋ ਨਾਹ ਸੜਦਾ ਹੈ ਨਾਹ ਹੀ ਇਸ ਨੂੰ ਕੋਈ ਚੋਰ ਚੁਰਾ ਕੇ ਲੈ ਜਾ ਸਕਦਾ ਹੈ।
42454	991	ਨ ਇਹੁ ਧਨੁ ਡੂਬੈ ਨ ਇਸੁ ਧਨ ਕਉ ਮਿਲੈ ਸਜਾਇ॥੨॥		N Eihu Dhhan Ddoobai N Eis Dhhan Ko Milai Sajaae ||2||	This wealth does not drown, and its owner is never punished. ||2||	ਇਹ ਧਨ (ਪਾਣੀਆਂ ਹੜ੍ਹਾਂ ਵਿਚ ਭੀ) ਡੁੱਬਦਾ ਨਹੀਂ ਹੈ ਅਤੇ ਨਾਹ ਹੀ ਇਸ ਧਨ ਦੀ ਖ਼ਾਤਰ ਕਿਸੇ ਨੂੰ ਕੋਈ ਦੰਡ ਮਿਲਦਾ ਹੈ ॥੨॥

42455	991	ਇਸੁ ਧਨ ਕੀ ਦੇਖਹੁ ਵਡਿਆਈ॥		Eis Dhhan Kee Dhaekhahu Vaddiaaee ||	Gaze upon the glorious greatness of this wealth,	ਵੇਖੋ, ਇਸ ਧਨ ਦਾ ਵੱਡਾ ਗੁਣ ਇਹ ਹੈ ਕਿ (ਜਿਸ ਮਨੁੱਖ ਦੇ ਪਾਸ ਇਹ ਧਨ ਹੈ,
42456	991	ਸਹਜੇ ਮਾਤੇ ਅਨ ਦਿਨੁ ਜਾਈ॥੩॥		Sehajae Maathae Anadhin Jaaee ||3||	And your nights and days will pass, imbued with celestial peace. ||3||	ਉਸ ਦੀ ਜ਼ਿੰਦਗੀ ਦਾ) ਹਰੇਕ ਦਿਹਾੜਾ ਅਡੋਲ ਅਵਸਥਾ ਵਿਚ ਮਸਤ ਰਿਹਾਂ ਹੀ ਗੁਜ਼ਰਦਾ ਹੈ ॥੩॥
42457	991	ਇਕ ਬਾਤ ਅਨੂਪ ਸੁਨਹੁ ਨਰ ਭਾਈ॥		Eik Baath Anoop Sunahu Nar Bhaaee ||	Listen to this incomparably beautiful story, O my brothers, O Siblings of Destiny.	ਹੇ ਭਾਈ ਜਨੋ! (ਇਸ ਨਾਮ-ਧਨ ਦੀ ਬਾਬਤ) ਇਕ ਹੋਰ ਸੋਹਣੀ ਗੱਲ (ਭੀ) ਸੁਣੋ!
42458	991	ਇਸੁ ਧਨ ਬਿਨੁ ਕਹਹੁ ਕਿਨੈ ਪਰਮਗਤਿ ਪਾਈ॥੪॥		Eis Dhhan Bin Kehahu Kinai Param Gath Paaee ||4||	Tell me, without this wealth, who has ever obtained the supreme status? ||4||	(ਉਹ ਇਹ ਹੈ ਕਿ) ਇਸ ਧਨ (ਦੀ ਪ੍ਰਾਪਤੀ) ਤੋਂ ਬਿਨਾ ਕਦੇ ਕਿਸੇ ਨੂੰ ਉੱਚੀ ਆਤਮਕ ਅਵਸਥਾ ਨਹੀਂ ਮਿਲੀ ॥੪॥
42459	991	ਭਣਤਿ ਨਾਨਕੁ ਅਕਥ ਕੀ ਕਥਾ ਸੁਣਾਏ॥	ਅ-ਕਥ: ਪੋਲਾ ਬੋਲੋ	Bhanath Naanak Akathh Kee Kathhaa Sunaaeae ||	Nanak humbly prays, I proclaim the Unspoken Speech of the Lord.	ਨਾਨਕ ਆਖਦਾ ਹੈ ਕਿ ਜਿਸ ਦੇ ਗੁਣ ਕਿਸੇ ਪਾਸੋਂ ਬਿਆਨ ਨਹੀਂ ਹੋ ਸਕਦੇ, ਉਸ ਪਰਮਾਤਮਾ ਦੀਆਂ ਸਿਫ਼ਤ-ਸਾਲਾਹ ਦੀਆਂ ਗੱਲਾਂ (ਉਹ ਮਨੁੱਖ) ਸੁਣਾਂਦਾ ਹੈ।
42460	991	ਸਤਿਗੁਰੁ ਮਿਲੈ ਤ ਇਹੁ ਧਨੁ ਪਾਏ॥੫॥੮॥		Sathigur Milai Th Eihu Dhhan Paaeae ||5||8||	If one meets the True Guru, then this wealth is obtained. ||5||8||	ਜਦੋਂ (ਕਿਸੇ ਮਨੁੱਖ ਨੂੰ) ਗੁਰੂ ਮਿਲ ਪੈਂਦਾ ਹੈ ਤਦੋਂ ਉਹ ਇਹ ਨਾਮ-ਧਨ ਹਾਸਲ ਕਰ ਲੈਂਦਾ ਹੈ ॥੫॥੮॥

42461	991	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
42462	991	ਸੂਰ ਸਰੁ ਸੋਸਿ ਲੈ ਸੋਮ ਸਰੁ ਪੋਖਿ ਲੈ ਜੁਗਤਿ ਕਰਿ ਮਰਤੁ ਸੁ ਸਨਬੰਧੁ ਕੀਜੈ॥	ਸੂਰਜ ਦੀ (ਸੁਰ) ਪਿੰਗਲਾ ਦੁਆਰਾ ਪ੍ਰਾਣਾਂ ਨੂੰ ਸੋਖ ਲੈ ਤਮੋ ਗੁਣੀਆਂ ਦੀ ਸੰਗਤ ਤੋਂ ਮਨ ਸੰਕੋਚ ਲੈ ਲਵੇ, ਚੰਦ੍ਰਮਾ ਦੀ (ਸੁਰ) ਇੜਾ ਦੁਆਰਾ ਪ੍ਰਾਣਾਂ ਨੂੰ ਪੂਰਤ ਕਰ ਲਵੇ। ਸ਼ਾਂਤੀ ਵਾਲੀ ਸਤਿਸੰਗਤ ਦੁਆਰਾ ਗੁਣਾਂ ਨੂੰ ਪਾ ਲੈ ਲਵੇ। ਪੌਣ ਸਵਾਸਾਂ ਨਾਲ ਜੋੜ ਕੇ (ਮਰਤੁ) ਜਾਪ ਕਰੇ	Soor Sar Sos Lai Som Sar Pokh Lai Jugath Kar Marath S Sanabandhh Keejai ||	Heat up the sun energy of the right nostril, and cool down the moon energy of the left nostril; practicing this breath-control, bring them into perfect balance.	(ਹੇ ਜੋਗੀ!) ਤੂੰ ਤਾਮਸੀ ਸੁਭਾਵ ਨੂੰ ਦੂਰ ਕਰ (ਇਹ ਹੈ ਸੱਜੀ ਨਾਸ ਦੇ ਰਸਤੇ ਪ੍ਰਾਣ ਉਤਾਰਨੇ), ਸ਼ਾਂਤੀ ਸੁਭਾਵ ਨੂੰ (ਆਪਣੇ ਅੰਦਰ) ਤਕੜਾ ਕਰ (ਇਹ ਹੈ ਖੱਬੀ ਨਾਸ ਦੇ ਰਸਤੇ ਪ੍ਰਾਣ ਚੜ੍ਹਾਣੇ)। ਸੁਆਸ ਸੁਆਸ ਨਾਮ ਜਪਣ ਵਾਲਾ ਜ਼ਿੰਦਗੀ ਦਾ ਸੁਚੱਜਾ ਢੰਗ ਬਣਾ (ਇਹ ਹੈ ਪ੍ਰਾਣਾਂ ਨੂੰ ਸੁਖਮਨਾ ਨਾੜੀ ਵਿਚ ਟਿਕਾਣਾ)। (ਬੱਸ! ਹੇ ਜੋਗੀ! ਪਰਮਾਤਮਾ ਦੇ ਚਰਨਾਂ ਵਿਚ ਜੁੜਨ ਦਾ ਕੋਈ) ਅਜੇਹਾ ਮੇਲ ਮਿਲਾਓ।
42463	991	ਮੀਨ ਕੀ ਚਪਲ ਸਿਉ ਜੁਗਤਿ ਮਨੁ ਰਾਖੀਐ ਉਡੈ ਨਹ ਹੰਸੁ ਨਹ ਕੰਧੁ ਛੀਜੈ॥੧॥	ਚਪਲ: ਪੋਲਾ ਬੋਲੋ	Meen Kee Chapal Sio Jugath Man Raakheeai Ouddai Neh Hans Neh Kandhh Shheejai ||1||	In this way, the fickle fish of the mind will be held steady; the swan-soul shall not fly away, and the body-wall will not crumble. ||1||	ਇਸ ਤਰੀਕੇ ਨਾਲ ਮੱਛੀ ਵਰਗਾ ਚੰਚਲ ਮਨ ਵੱਸ ਵਿਚ ਰੱਖ ਸਕੀਦਾ ਹੈ, ਮਨ ਵਿਕਾਰਾਂ ਵਲ ਨਹੀਂ ਦੌੜਦਾ, ਨਾਹ ਹੀ ਸਰੀਰ ਵਿਕਾਰਾਂ ਵਿਚ ਪੈ ਕੇ ਖ਼ੁਆਰ ਹੁੰਦਾ ਹੈ ॥੧॥
42464	991	ਮੂੜੇ ਕਾਇਚੇ ਭਰਮਿ ਭੁਲਾ॥	(ਕਾਇਚੇ) ਕਿਸ ਲਈ। ਭੁੱਲਾ	Moorrae Kaaeichae Bharam Bhulaa ||	You fool, why are you deluded by doubt?	ਹੇ ਮੂਰਖ! ਤੂੰ (ਪ੍ਰਾਣਾਯਾਮ ਦੇ) ਭੁਲੇਖੇ ਵਿਚ ਪੈ ਕੇ ਕਿਉਂ (ਜੀਵਨ ਦੇ ਅਸਲੀ ਤੋਂ) ਲਾਂਭੇ ਜਾ ਰਿਹਾ ਹੈਂ?

42465	991	ਨਹ ਚੀਨਿਆ ਪਰਮਾਨੰਦੁ ਬੈਰਾਗੀ॥੧॥ਰਹਾਉ॥		Neh Cheeniaa Paramaanandh Bairaagee ||1|| Rehaao ||	You do not remember the detached Lord of supreme bliss. ||1||Pause||	(ਹੇ ਜੋਗੀ!) ਤੂੰ ਜਗਤ ਦੀ ਮਾਇਆ ਵਲੋਂ ਵੈਰਾਗਵਾਨ ਹੋ ਕੇ ਉੱਚੇ ਤੋਂ ਉੱਚੇ ਆਤਮਕ ਆਨੰਦ ਦੇ ਮਾਲਕ ਪਰਮਾਤਮਾ ਨੂੰ ਅਜੇ ਤਕ ਪਛਾਣ ਨਹੀਂ ਸਕਿਆ ॥੧॥ ਰਹਾਉ ॥
42466	991	ਅਜਰ ਗਹੁ ਜਾਰਿ ਲੈ ਅਮਰ ਗਹੁ ਮਾਰਿ ਲੈ ਭ੍ਰਾਤਿ ਤਜਿ ਛੋਡਿ ਤਉ ਅਪਿਉ ਪੀਜੈ॥	(ਅ-ਜਰ) ਕਾਮਾਦਿਕਾਂ ਨੂੰ ਜਾਰ ਲੈ। ਮਨ ਨਾਮ ਚ ਜੋੜਨਾ ਹੀ (ਮਾਰਿ) ਮਾਰਨਾ (ਲੈ) ਹੈ। ਭ੍ਰਾਂਤਿ	Ajar Gahu Jaar Lai Amar Gahu Maar Lai Bhraath Thaj Shhodd Tho Apio Peejai ||	Seize and burn the unbearable; seize and kill the imperishable; leave behind your doubts, and then, you shall drink in the Nectar.	(ਹੇ ਜੋਗੀ!) ਜਰਾ-ਰਹਿਤ ਪ੍ਰਭੂ ਦੇ ਮੇਲ ਦੇ ਰਾਹ ਵਿਚ ਰੋਕ ਪਾਣ ਵਾਲੇ ਮੋਹ ਨੂੰ (ਆਪਣੇ ਅੰਦਰੋਂ) ਸਾੜ ਦੇ, ਮੌਤ-ਰਹਿਤ ਹਰੀ ਦੇ ਮਿਲਾਪ ਦੇ ਰਸਤੇ ਵਿਚ ਵਿਘਨ ਪਾਣ ਵਾਲੇ ਮਨ ਨੂੰ ਵੱਸ ਵਿਚ ਕਰ ਰੱਖ, ਭਟਕਣਾ ਛੱਡ ਦੇ, ਤਦੋਂ ਹੀ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀ ਸਕੀਦਾ ਹੈ।
42467	991	ਮੀਨ ਕੀ ਚਪਲ ਸਿਉ ਜੁਗਤਿ ਮਨੁ ਰਾਖੀਐ ਉਡੈ ਨਹ ਹੰਸੁ ਨਹ ਕੰਧੁ ਛੀਜੈ॥੨॥		Meen Kee Chapal Sio Jugath Man Raakheeai Ouddai Neh Hans Neh Kandhh Shheejai ||2||	In this way, the fickle fish of the mind will be held steady; the swan-soul shall not fly away, and the body-wall shall not crumble. ||2||	ਇਸੇ ਤਰ੍ਹਾਂ ਮੱਛੀ ਵਰਗਾ ਚੰਚਲ ਮਨ ਕਾਬੂ ਵਿਚ ਰੱਖ ਸਕੀਦਾ ਹੈ, ਮਨ ਵਿਕਾਰਾਂ ਵਲ ਦੌੜਨੋਂ ਹਟ ਜਾਂਦਾ ਹੈ, ਸਰੀਰ ਭੀ ਵਿਕਾਰਾਂ ਵਿਚ ਪੈ ਕੇ ਖ਼ੁਆਰ ਹੋਣੋਂ ਬਚ ਜਾਂਦਾ ਹੈ ॥੨॥

42468	992	ਭਣਤਿ ਨਾਨਕੁ ਜਨੋ ਰਵੈ ਜੇ ਹਰਿ ਮਨੋ ਮਨ ਪਵਨ ਸਿਉ ਅੰਮ੍ਰਿਤੁ ਪੀਜੈ॥	ਭਣਤਿ: ਪੋਲਾ ਬੋਲੋ	Bhanath Naanak Jano Ravai Jae Har Mano Man Pavan Sio Anmrith Peejai ||	Nanak humbly prays, if the Lord's humble servant dwells upon Him, in his mind of minds, with his every breath, then he drinks in the Ambrosial Nectar.	ਦਾਸ ਨਾਨਕ ਆਖਦਾ ਹੈ ਜੇ ਮਨੁੱਖ ਦਾ ਮਨ ਪਰਮਾਤਮਾ ਦਾ ਸਿਮਰਨ ਕਰੇ, ਤਾਂ ਮਨੁੱਖ ਮਨ ਦੀ ਇਕਾਗ੍ਰਤਾ ਨਾਲ ਸੁਆਸ ਸੁਆਸ (ਨਾਮ ਜਪ ਕੇ) ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਂਦਾ ਹੈ।
42469	992	ਮੀਨ ਕੀ ਚਪਲ ਸਿਉ ਜੁਗਤਿ ਮਨੁ ਰਾਖੀਐ ਉਡੈ ਨਹ ਹੰਸੁ ਨਹ ਕੰਧੁ ਛੀਜੈ॥੩॥੯॥		Meen Kee Chapal Sio Jugath Man Raakheeai Ouddai Neh Hans Neh Kandhh Shheejai ||3||9||	In this way, the fickle fish of the mind will be held steady; the swan-soul shall not fly away, and the body-wall shall not crumble. ||3||9||	ਇਸ ਤਰੀਕੇ ਨਾਲ ਮੱਛੀ ਦੀ ਚੰਚਲਤਾ ਵਾਲਾ ਮਨ ਵੱਸ ਵਿਚ ਰੱਖ ਸਕੀਦਾ ਹੈ, ਮਨ ਵਿਕਾਰਾਂ ਵਲ ਨਹੀਂ ਦੌੜਦਾ, ਤੇ ਸਰੀਰ ਭੀ ਵਿਕਾਰਾਂ ਵਿਚ ਖਚਿਤ ਨਹੀਂ ਹੁੰਦਾ ॥੩॥੯॥
42470	992	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
42471	992	ਮਾਇਆ ਮੁਈ ਨ ਮਨੁ ਮੁਆ ਸਰੁ ਲਹਰੀ ਮੈ ਮਤੁ॥		Maaeiaa Muee N Man Muaa Sar Leharee Mai Math ||	Maya is not conquered, and the mind is not subdued; the waves of desire in the world-ocean are intoxicating wine.	(ਜੇਹੜਾ ਮਨੁੱਖ ਮਾਲਿਕ-ਪ੍ਰਭੂ ਨੂੰ ਆਪਣੇ ਅੰਦਰ ਵੱਸਦਾ ਨਹੀਂ ਵੇਖਦਾ, ਪ੍ਰਭੂ ਨੂੰ ਆਪਣੇ ਹਿਰਦੇ ਵਿਚ ਨਹੀਂ ਵਸਾਂਦਾ) ਉਸ ਦੀ ਮਾਇਆ ਦੀ ਤ੍ਰਿਸ਼ਨਾ ਨਹੀਂ ਮੁੱਕਦੀ, ਉਸ ਦਾ ਮਨ ਵਿਕਾਰਾਂ ਵਲੋਂ ਨਹੀਂ ਹਟਦਾ, ਉਸ ਦਾ ਹਿਰਦਾ-ਸਰੋਵਰ ਮੈਂ ਮੈਂ ਦੀਆਂ ਲਹਿਰਾਂ ਨਾਲ ਭਰਪੂਰ ਰਹਿੰਦਾ ਹੈ।

42472	992	ਬੋਹਿਥੁ ਜਲ ਸਿਰਿ ਤਰਿ ਟਿਕੈ ਸਾਚਾ ਵਖਰੁ ਜਿਤੁ॥	ਟਿਕੈ: ਪੋਲਾ ਬੋਲੋ। ਵੱਖਰੁ	Bohithh Jal Sir Thar Ttikai Saachaa Vakhar Jith ||	The boat crosses over the water, carrying the true merchandise.	ਉਹੀ ਜੀਵਨ-ਬੇੜਾ (ਸੰਸਾਰ-ਸਮੁੰਦਰ ਦੀਆਂ ਵਿਕਾਰ-ਲਹਿਰਾਂ ਦੇ) ਪਾਣੀਆਂ ਉਤੇ ਤਰ ਕੇ (ਪ੍ਰਭੂ-ਚਰਨਾਂ ਵਿਚ) ਟਿਕਿਆ ਰਹਿੰਦਾ ਹੈ ਜਿਸ ਵਿਚ ਸਦਾ-ਥਿਰ ਰਹਿਣ ਵਾਲਾ ਨਾਮ-ਸੌਦਾ ਹੈ।
42473	992	ਮਾਣਕੁ ਮਨ ਮਹਿ ਮਨੁ ਮਾਰਸੀ ਸਚਿ ਨ ਲਾਗੈ ਕਤੁ॥	ਕਤੁ:ਪੋਲਾ ਬੋਲੋ। (ਕਤੁ) ਕਤਰਾ, ਥੋੜੇ ਮਾਤ੍ਰ	Maanak Man Mehi Man Maarasee Sach N Laagai Kath ||	The jewel within the mind subdues the mind; attached to the Truth, it is not broken.	ਜਿਸ ਮਨ ਵਿਚ ਨਾਮ-ਮੋਤੀ ਵੱਸਦਾ ਹੈ, ਉਸ ਮਨ ਨੂੰ ਉਹ ਮੋਤੀ ਵਿਕਾਰਾਂ ਵਲੋਂ ਬਚਾ ਲੈਂਦਾ ਹੈ, ਸੱਚੇ ਨਾਮ ਵਿਚ ਜੁੜੇ ਰਹਿਣ ਦੇ ਕਾਰਨ ਉਸ ਮਨ ਵਿਚ ਤ੍ਰੇੜ ਨਹੀਂ ਆਉਂਦੀ (ਉਹ ਮਨ ਮਾਇਆ ਵਿਚ ਡੋਲਦਾ ਨਹੀਂ)।
42474	992	ਰਾਜਾ ਤਖਤਿ ਟਿਕੈ ਗੁਣੀ ਭੈ ਪੰਚਾਇਣ ਰਤੁ॥੧॥	(ਪੰਚਾਇਣ) ਪ੍ਰਮੇਸ਼ਰ	Raajaa Thakhath Ttikai Gunee Bhai Panchaaein Rath ||1||	The king is seated upon the throne, imbued with the Fear of God and the five qualities. ||1||	ਪ੍ਰਭੂ ਦੇ ਡਰ-ਅਦਬ ਵਿਚ ਰੱਤਾ ਹੋਇਆ ਜੀਵਾਤਮਾ ਪ੍ਰਭੂ ਦੇ ਗੁਣਾਂ ਵਿਚ ਪਰਵਿਰਤ ਰਹਿਣ ਕਰਕੇ ਅੰਦਰ ਹੀ ਹਿਰਦੇ-ਤਖ਼ਤ ਉਤੇ ਟਿਕਿਆ ਰਹਿੰਦਾ ਹੈ (ਬਾਹਰ ਨਹੀਂ ਭਟਕਦਾ) ॥੧॥
42475	992	ਬਾਬਾ ਸਾਚਾ ਸਾਹਿਬੁ ਦੂਰਿ ਨ ਦੇਖੁ॥		Baabaa Saachaa Saahib Dhoor N Dhaekh ||	O Baba, do not see your True Lord and Master as being far away.	ਹੇ ਭਾਈ! ਸਦਾ ਕਾਇਮ ਰਹਿਣ ਵਾਲੇ ਮਾਲਕ-ਪ੍ਰਭੂ ਨੂੰ (ਆਪਣੇ ਆਪ ਤੋਂ) ਦੂਰ ਵੱਸਦਾ ਨਾਹ ਸਮਝ (ਸੱਚਾ ਮਾਲਕ ਤੇਰੇ ਆਪਣੇ ਅੰਦਰ ਵੱਸ ਰਿਹਾ ਹੈ)।

42476	992	ਸਰਬ ਜੋਤਿ ਜਗਜੀਵਨਾ ਸਿਰਿ ਸਿਰਿ ਸਾਚਾ ਲੇਖੁ॥੧॥ਰਹਾਉ॥		Sarab Joth Jagajeevanaa Sir Sir Saachaa Laekh ||1|| Rehaao ||	He is the Light of all, the Life of the world; The True Lord writes His Inscription on each and every head. ||1||Pause||	ਉਸ ਜਗਤ-ਦੇ-ਆਸਰੇ ਪ੍ਰਭੂ ਦੀ ਜੋਤਿ ਸਭ ਜੀਵਾਂ ਦੇ ਅੰਦਰ ਮੌਜੂਦ ਹੈ। ਪ੍ਰਭੂ ਦਾ ਹੁਕਮ ਹਰੇਕ ਜੀਵ ਦੇ ਉਤੇ ਸਦਾ ਅਟੱਲ ਹੈ ॥੧॥ ਰਹਾਉ ॥
42477	992	ਬ੍ਰਹਮਾ ਬਿਸਨੁ ਰਿਖੀ ਮੁਨੀ ਸੰਕਰੁ ਇੰਦੁ ਤਪੈ ਭੇਖਾਰੀ॥		Brehamaa Bisan Rikhee Munee Sankar Eindh Thapai Bhaekhaaree ||	Brahma and Vishnu, the Rishis and the silent sages, Shiva and Indra, penitents and beggars	ਬ੍ਰਹਮਾ ਵਿਸ਼ਨੂੰ ਸ਼ਿਵ ਇੰਦਰ ਹੋਰ ਅਨੇਕਾਂ ਰਿਸ਼ੀ ਮੁਨੀ, ਚਾਹੇ ਕੋਈ ਤਪ ਕਰਦਾ ਹੈ ਚਾਹੇ ਕੋਈ ਤਿਆਗੀ ਹੈ,
42478	992	ਮਾਨੈ ਹੁਕਮੁ ਸੋਹੈ ਦਰਿ ਸਾਚੈ ਆਕੀ ਮਰਹਿ ਅਫਾਰੀ॥		Maanai Hukam Sohai Dhar Saachai Aakee Marehi Afaaree ||	- whoever obeys the Hukam of the Lord's Command, looks beautiful in the Court of the True Lord, while the stubborn rebels die.	ਉਹੀ ਪਰਮਾਤਮਾ ਦੇ ਦਰ ਤੇ ਸੋਭਾ ਪਾਂਦਾ ਹੈ ਜੋ ਪਰਮਾਤਮਾ ਦਾ ਹੁਕਮ ਮੰਨਦਾ ਹੈ (ਜੋ ਪਰਮਾਤਮਾ ਦੀ ਰਜ਼ਾ ਵਿਚ ਆਪਣੀ ਮਰਜ਼ੀ ਲੀਨ ਕਰਦਾ ਹੈ), ਆਪਣੀ ਮਨ-ਮਰਜ਼ੀ ਕਰਨ ਵਾਲੇ ਅਹੰਕਾਰੀ ਆਤਮਕ ਮੌਤੇ ਮਰਦੇ ਹਨ।
42479	992	ਜੰਗਮ ਜੋਧ ਜਤੀ ਸੰਨਿਆਸੀ ਗੁਰਿ ਪੂਰੈ ਵੀਚਾਰੀ॥		Jangam Jodhh Jathee Sanniaasee Gur Poorai Veechaaree ||	The wandering beggars, warriors, celibates and Sannyaasee hermits - through the Perfect Guru, consider this:	ਅਸਾਂ ਗੁਰੂ ਦੀ ਰਾਹੀਂ ਇਹ ਵਿਚਾਰ (ਕੇ ਵੇਖ) ਲਿਆ ਹੈ ਕਿ ਜੰਗਮ ਹੋਣ, ਜੋਧੇ ਹੋਣ, ਜਤੀ ਹੋਣ, ਸੰਨਿਆਸੀ ਹੋਣ,

42480	992	ਬਿਨੁ ਸੇਵਾ ਫਲੁ ਕਬਹੁ ਨ ਪਾਵਸਿ ਸੇਵਾ ਕਰਣੀ ਸਾਰੀ॥੨॥		Bin Saevaa Fal Kabahu N Paavas Saevaa Karanee Saaree ||2||	Without selfless service, no one ever receives the fruits of their rewards. Serving the Lord is the most excellent action. ||2||	ਪ੍ਰਭੂ ਦੀ ਸੇਵਾ-ਭਗਤੀ ਤੋਂ ਬਿਨਾ ਕਦੇ ਭੀ ਕੋਈ ਆਪਣੀ ਘਾਲ-ਕਮਾਈ ਦਾ ਫਲ ਪ੍ਰਾਪਤ ਨਹੀਂ ਕਰ ਸਕਦਾ। ਸੇਵਾ-ਸਿਮਰਨ ਹੀ ਸਭ ਤੋਂ ਸ੍ਰੇਸ਼ਟ ਕਰਣੀ ਹੈ ॥੨॥
42481	992	ਨਿਧਨਿਆ ਧਨੁ ਨਿਗੁਰਿਆ ਗੁਰੁ ਨਿੰਮਾਣਿਆ ਤੂ ਮਾਣੁ॥	ਨਿ-ਧਨਿਆ, ਨਿ-ਗੁਰਿਆ, ਨਿੰ-ਮਾਣਿਆ	Nidhhaniaa Dhhan Niguriaa Gur Ninmaaniaa Thoo Maan ||	You are the wealth of the poor, the Guru of the guru-less, the honor of the dishonored.	ਹੇ ਪ੍ਰਭੂ! ਗ਼ਰੀਬਾਂ ਵਾਸਤੇ ਤੇਰਾ ਨਾਮ ਖ਼ਜ਼ਾਨਾ ਹੈ (ਗ਼ਰੀਬ ਹੁੰਦਿਆਂ ਭੀ ਉਹ ਬਾਦਸ਼ਾਹਾਂ ਵਾਲਾ ਦਿਲ ਰੱਖਦੇ ਹਨ), ਜਿਨ੍ਹਾਂ ਦੀ ਕੋਈ ਬਾਂਹ ਨਹੀਂ ਫੜਦਾ, ਉਹਨਾਂ ਦਾ ਤੂੰ ਰਾਹਬਰ ਬਣਦਾ ਹੈਂ, ਜਿਨ੍ਹਾਂ ਨੂੰ ਕੋਈ ਮਾਣ-ਆਦਰ ਨਹੀਂ ਦੇਂਦਾ (ਨਾਮ- ਦਾਤ ਦੇ ਕੇ) ਉਹਨਾਂ ਨੂੰ (ਜਗਤ ਵਿਚ) ਆਦਰ ਦਿਵਾਂਦਾ ਹੈਂ।
42482	992	ਅੰਧੁਲੈ ਮਾਣਕੁ ਗੁਰੁ ਪਕੜਿਆ ਨਿਤਾਣਿਆ ਤੂ ਤਾਣੁ॥	ਨਿ-ਤਾਣਿਆ	Andhhulai Maanak Gur Pakarriaa Nithaaniaa Thoo Thaan ||	I am blind; I have grasped hold of the jewel, the Guru. You are the strength of the weak.	ਜਿਸ ਭੀ (ਆਤਮਕ ਅੱਖਾਂ ਵਲੋਂ) ਅੰਨ੍ਹੇ ਨੇ ਗੁਰੂ-ਜੋਤੀ (ਦਾ ਪੱਲਾ) ਫੜਿਆ ਹੈ ਉਸ ਨਿਆਸਰੇ ਦਾ ਤੂੰ ਆਸਰਾ ਬਣ ਜਾਂਦਾ ਹੈਂ।

42483	992	ਹੋਮ ਜਪਾ ਨਹੀ ਜਾਣਿਆ ਗੁਰਮਤੀ ਸਾਚੁ ਪਛਾਣੁ॥		Hom Japaa Nehee Jaaniaa Guramathee Saach Pashhaan ||	He is not known through burnt offerings and ritual chanting; the True Lord is known through the Guru's Teachings.	ਹੋਮ ਜਪ ਆਦਿਕਾਂ ਦੀ ਰਾਹੀਂ ਪਰਮਾਤਮਾ ਨਾਲ ਸਾਂਝ ਨਹੀਂ ਬਣਦੀ, ਗੁਰੂ ਦੀ ਦਿੱਤੀ ਮੱਤ ਤੇ ਤੁਰਿਆਂ ਉਹ ਸਦਾ-ਥਿਰ ਪ੍ਰਭੂ (ਜੀਵ ਦਾ) ਦਰਦੀ ਬਣ ਜਾਂਦਾ ਹੈ।
42484	992	ਨਾਮ ਬਿਨਾ ਨਾਹੀ ਦਰਿ ਢੋਈ ਝੂਠਾ ਆਵਣ ਜਾਣੁ॥੩॥		Naam Binaa Naahee Dhar Dtoee Jhoothaa Aavan Jaan ||3||	Without the Naam, the Name of the Lord, no one finds shelter in the Court of the Lord; the false come and go in reincarnation. ||3||	ਪਰਮਾਤਮਾ ਦੇ ਨਾਮ ਤੋਂ ਬਿਨਾ ਪਰਮਾਤਮਾ ਦੇ ਦਰ ਤੇ ਸਹਾਰਾ ਨਹੀਂ ਮਿਲਦਾ, ਜੰਮਣ ਮਰਨ ਦਾ ਨਾਸਵੰਤ ਗੇੜ ਬਣਿਆ ਰਹਿੰਦਾ ਹੈ ॥੩॥
42485	992	ਸਾਚਾ ਨਾਮੁ ਸਲਾਹੀਐ ਸਾਚੇ ਤੇ ਤ੍ਰਿਪਤਿ ਹੋਇ॥		Saachaa Naam Salaaheeai Saachae Thae Thripath Hoe ||	So praise the True Name, and through the True Name, you will find satisfaction.	ਹੇ ਭਾਈ! ਪਰਮਾਤਮਾ ਦਾ ਸਦਾ ਕਾਇਮ ਰਹਿਣ ਵਾਲਾ ਨਾਮ ਸਦਾ ਵਡਿਆਉਣਾ ਚਾਹੀਦਾ ਹੈ, ਸੱਚੇ ਨਾਮ ਦੀ ਹੀ ਬਰਕਤਿ ਨਾਲ ਸੰਤੋਖੀ ਜੀਵਨ ਮਿਲਦਾ ਹੈ।
42486	992	ਗਿਆਨ ਰਤਨਿ ਮਨੁ ਮਾਜੀਐ ਬਹੁੜਿ ਨ ਮੈਲਾ ਹੋਇ॥		Giaan Rathan Man Maajeeai Bahurr N Mailaa Hoe ||	When the mind is cleaned with the jewel of spiritual wisdom, it does not become dirty again.	ਪ੍ਰਭੂ ਦੀ ਡੂੰਘੀ ਸਾਂਝ-ਰੂਪ ਰਤਨ ਨਾਲ ਮਨ ਨੂੰ ਲਿਸ਼ਕਾਣਾ ਚਾਹੀਦਾ ਹੈ, ਮੁੜ ਇਹ (ਵਿਕਾਰਾਂ ਵਿਚ) ਮੈਲਾ ਨਹੀਂ ਹੁੰਦਾ।

42487	992	ਜਬ ਲਗੁ ਸਾਹਿਬੁ ਮਨਿ ਵਸੈ ਤਬ ਲਗੁ ਬਿਘਨੁ ਨ ਹੋਇ॥		Jab Lag Saahib Man Vasai Thab Lag Bighan N Hoe ||	As long as the Lord and Master dwells in the mind, no obstacles are encountered.	ਪ੍ਰਭੂ-ਮਾਲਕ ਜਦ ਤਕ ਮਨ ਵਿਚ ਵੱਸਿਆ ਰਹਿੰਦਾ ਹੈ (ਜੀਵਨ-ਸਫ਼ਰ ਵਿਚ ਵਿਕਾਰਾਂ ਵਲੋਂ) ਕੋਈ ਰੋਕ ਨਹੀਂ ਪੈਂਦੀ।
42488	992	ਨਾਨਕ ਸਿਰੁ ਦੇ ਛੁਟੀਐ ਮਨਿ ਤਨਿ ਸਾਚਾ ਸੋਇ॥੪॥੧੦॥		Naanak Sir Dhae Shhutteeai Man Than Saachaa Soe ||4||10||	O Nanak, giving one's head, one is emancipated, and the mind and body become true. ||4||10||	ਹੇ ਨਾਨਕ! ਆਪਾ-ਭਾਵ ਗਵਾਇਆਂ ਹੀ ਵਿਕਾਰਾਂ ਤੋਂ ਖ਼ਲਾਸੀ ਮਿਲਦੀ ਹੈ, ਤੇ ਉਹ ਸਦਾ-ਥਿਰ ਪ੍ਰਭੂ ਮਨ ਵਿਚ ਤੇ ਸਰੀਰ ਵਿਚ ਟਿਕਿਆ ਰਹਿੰਦਾ ਹੈ ॥੪॥੧੦॥
42489	992	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
42490	992	ਜੋਗੀ ਜੁਗਤਿ ਨਾਮੁ ਨਿਰਮਾਇਲੁ ਤਾ ਕੈ ਮੈਲੁ ਨ ਰਾਤੀ॥		Jogee Jugath Naam Niramaaeil Thaa Kai Mail N Raathee ||	The Yogi who is joined to the Naam, the Name of the Lord, is pure; he is not stained by even a particle of dirt.	ਜਿਸ ਜੋਗੀ ਦੀ ਜੀਵਨ-ਜੁਗਤਿ ਪਰਮਾਤਮਾ ਦਾ ਪਵਿਤ੍ਰ ਨਾਮ (ਸਿਮਰਨਾ) ਹੈ, ਉਸ ਦੇ ਮਨ ਵਿਚ (ਵਿਕਾਰਾਂ ਵਾਲੀ) ਰਤਾ ਭੀ ਮੈਲ ਨਹੀਂ ਰਹਿ ਜਾਂਦੀ।
42491	992	ਪ੍ਰੀਤਮ ਨਾਥੁ ਸਦਾ ਸਚੁ ਸੰਗੇ ਜਨਮ ਮਰਣ ਗਤਿ ਬੀਤੀ॥੧॥		Preetham Naathh Sadhaa Sach Sangae Janam Maran Gath Beethee ||1||	The True Lord, his Beloved, is always with him; the rounds of birth and death are ended for him. ||1||	ਸਭਨਾਂ ਦਾ ਪਿਆਰਾ, ਸਭਨਾਂ ਦਾ ਖਸਮ ਤੇ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਸਦਾ ਉਸ (ਜੋਗੀ) ਦੇ ਹਿਰਦੇ ਵਿਚ ਵੱਸਦਾ ਹੈ (ਇਸ ਵਾਸਤੇ) ਜਨਮ ਮਰਨ ਦਾ ਗੇੜ ਪੈਦਾ ਕਰਨ ਵਾਲੀ ਉਸ ਦੀ ਆਤਮਕ ਅਵਸਥਾ ਮੁੱਕ ਜਾਂਦੀ ਹੈ ॥੧॥

42492	992	ਗੁਸਾਈ ਤੇਰਾ ਕਹਾ ਨਾਮੁ ਕੈਸੇ ਜਾਤੀ॥		Gusaaee Thaeraa Kehaa Naam Kaisae Jaathee ||	O Lord of the Universe, what is Your Name, and what is it like?	ਹੇ ਧਰਤੀ ਦੇ ਖਸਮ-ਪ੍ਰਭੂ! ਤੇਰਾ ਕਕੋਈ ਖ਼ਾਸ ਨਾਮ ਹੈ ਤੇ ਤੇਰੀ ਕੋਈ ਖ਼ਾਸ ਜਾਤਿ ਹੈ?
42493	992	ਜਾ ਤਉ ਭੀਤਰਿ ਮਹਲਿ ਬੁਲਾਵਹਿ ਪੂਛਉ ਬਾਤ ਨਿਰੰਤੀ॥੧॥ਰਹਾਉ॥		Jaa Tho Bheethar Mehal Bulaavehi Pooshho Baath Niranthee ||1|| Rehaao ||	If You summon me into the Mansion of Your Presence, I will ask You, how I can become one with You. ||1||Pause||	ਜਦੋਂ ਤੂੰ ਮੈਨੂੰ ਅੰਤਰ ਆਤਮੇ ਚਰਨਾਂ ਵਿਚ ਸੱਦਦਾ ਹੈਂ (ਜੋੜਦਾ ਹੈਂ) ਤਦੋਂ ਮੈਂ (ਤੈਥੋਂ) ਇਹ ਭੇਦ ਦੀ ਗੱਲ ਪੁੱਛਦਾ ਹਾਂ (ਭਾਵ, ਜਦੋਂ ਤੂੰ ਆਪਣੀ ਮੇਹਰ ਨਾਲ ਮੈਨੂੰ ਆਪਣੇ ਚਰਨਾਂ ਵਿਚ ਜੋੜਦਾ ਹੈਂ ਤਦੋਂ ਮੈਨੂੰ ਸਮਝ ਆਉਂਦੀ ਹੈ ਕਿ ਨਾਹ ਕੋਈ ਤੇਰਾ ਖ਼ਾਸ ਨਾਮ ਹੈ ਅਤੇ ਨਾਹ ਹੀ ਤੇਰੀ ਕੋਈ ਖ਼ਾਸ ਜਾਤਿ ਹੈ) ॥੧॥ ਰਹਾਉ ॥
42494	992	ਬ੍ਰਹਮਣੁ ਬ੍ਰਹਮਗਿਆਨ ਇਸਨਾਨੀ ਹਰਿ ਗੁਣ ਪੂਜੇ ਪਾਤੀ॥	ਪਾਤੀ	Brehaman Breham Giaan Eisanaanee Har Gun Poojae Paathee ||	He alone is a Brahmin, who takes his cleansing bath in the spiritual wisdom of God, and whose leaf-offerings in worship are the Glorious Praises of the Lord.	ਉਹ ਬ੍ਰਾਹਮਣ ਬ੍ਰਹਮ (ਪਰਮਾਤਮਾ ਦਾ ਰੂਪ ਹੋ ਜਾਂਦਾ) ਹੈ ਜੋ ਪਰਮਾਤਮਾ ਦੇ ਗਿਆਨ-ਜਲ ਵਿਚ ਆਪਣੇ ਮਨ ਨੂੰ ਇਸ਼ਨਾਨ ਕਰਾਂਦਾ ਹੈ ਜੋ ਸਦਾ ਪ੍ਰਭੂ ਦੇ ਗੁਣ ਗਾਂਦਾ ਹੈ (ਮਾਨੋ, ਫੁੱਲਾਂ) ਪੱਤ੍ਰਾਂ ਨਾਲ ਪ੍ਰਭੂ ਨੂੰ ਪੂਜਦਾ ਹੈ,

42495	992	ਏਕੋ ਨਾਮੁ ਏਕੁ ਨਾਰਾਇਣੁ ਤ੍ਰਿਭਵਣ ਏਕਾ ਜੋਤੀ॥੨॥		Eaeko Naam Eaek Naaraaein Thribhavan Eaekaa Jothee ||2||	The One Name, the One Lord, and His One Light pervade the three worlds. ||2||	ਜੋ ਸਿਰਫ਼ ਪਰਮਾਤਮਾ ਨੂੰ ਜੋ ਸਿਰਫ਼ ਪਰਮਾਤਮਾ ਦੇ ਨਾਮ ਨੂੰ (ਹਿਰਦੇ ਵਿਚ ਸਦਾ ਵਸਾਈ ਰੱਖਦਾ ਹੈ, ਜਿਸ ਨੂੰ) ਇਹ ਸਾਰਾ ਸੰਸਾਰ ਪ੍ਰਭੂ ਦੀ ਜੋਤਿ ਦਾ ਪਸਾਰਾ ਦਿੱਸਦਾ ਹੈ ॥੨॥
42496	992	ਜਿਹਵਾ ਡੰਡੀ ਇਹੁ ਘਟੁ ਛਾਬਾ ਤੋਲਉ ਨਾਮੁ ਅਜਾਚੀ॥	ਅ-ਜੱਚੀ	Jihavaa Ddanddee Eihu Ghatt Shhaabaa Tholo Naam Ajaachee ||	My tongue is the balance of the scale, and this heart of mine is the pan of the scale; I weigh the immeasurable Naam.	(ਜਿਉਂ ਜਿਉਂ) ਮੈਂ ਆਪਣੀ ਜੀਭ ਨੂੰ ਤੱਕੜੀ ਦੀ ਡੰਡੀ ਬਣਾਂਦਾ ਹਾਂ, ਆਪਣੇ ਇਸ ਹਿਰਦੇ ਨੂੰ ਤੱਕੜੀ ਦਾ ਇਕ ਛਾਬਾ ਬਣਾਂਦਾ ਹਾਂ, (ਇਸ ਛਾਬੇ ਵਿਚ) ਅਤੁੱਲ ਪ੍ਰਭੂ ਦਾ ਨਾਮ ਤੋਲਦਾ ਹਾਂ,
42497	992	ਏਕੋ ਹਾਟੁ ਸਾਹੁ ਸਭਨਾ ਸਿਰਿ ਵਣਜਾਰੇ ਇਕ ਭਾਤੀ॥੩॥	ਭਾਂਤੀ	Eaeko Haatt Saahu Sabhanaa Sir Vanajaarae Eik Bhaathee ||3||	There is one store, and one banker above all; the merchants deal in the one commodity. ||3||	(ਤੇ ਦੂਜੇ ਛਾਬੇ ਵਿਚ ਆਪਣੇ ਅੰਦਰੋਂ ਆਪਾ-ਭਾਵ ਕੱਢ ਕੇ ਰੱਖੀ ਜਾਂਦਾ ਹਾਂ, ਤਿਉਂ ਤਿਉਂ ਇਹ ਜਗਤ ਮੈਨੂੰ) ਇਕ ਹੱਟ ਦਿੱਸਦਾ ਹੈ ਜਿਥੇ ਸਾਰੇ ਹੀ ਜੀਵ ਇਕੋ ਕਿਸਮ ਦੇ (ਭਾਵ, ਪ੍ਰਭੂ-ਨਾਮ ਦੇ) ਵਣਜਾਰੇ ਦਿੱਸਦੇ ਹਨ ਤੇ ਸਭਨਾਂ ਦੇ ਸਿਰ ਉਤੇ (ਭਾਵ, ਸਭਨਾਂ ਨੂੰ ਜਿੰਦ-ਪਿੰਡ ਦੀ ਰਾਸਿ ਦੇਣ ਵਾਲਾ) ਸ਼ਾਹ ਪਰਮਾਤਮਾ ਆਪ ਹੈ ॥੩॥

42498	992	ਦੋਵੈ ਸਿਰੇ ਸਤਿਗੁਰੂ ਨਿਬੇੜੇ ਸੋ ਬੂਝੈ ਜਿਸੁ ਏਕ ਲਿਵ ਲਾਗੀ ਜੀਅਹੁ ਰਹੈ ਨਿਭਰਾਤੀ॥	ਨਿ-ਭਰਾਂਤੀ	Dhovai Sirae Sathiguroo Nibaerrae So Boojhai Jis Eaek Liv Laagee Jeeahu Rehai Nibharaathee ||	The True Guru saves us at both ends; he alone understands, who is lovingly focused on the One Lord; his inner being remains free of doubt.	(ਗੁਰ-ਸ਼ਬਦ ਦੀ ਬਰਕਤਿ ਨਾਲ) ਜਿਸ ਮਨੁੱਖ ਦੀ ਸੁਰਤ ਇਕ ਪਰਮਾਤਮਾ ਵਿਚ ਟਿਕੀ ਰਹਿੰਦੀ ਹੈ ਜੋ ਅੰਤਰ ਆਤਮੇ ਭਟਕਣਾ-ਰਹਿਤ ਹੋ ਜਾਂਦਾ ਹੈ ਉਸ ਨੂੰ ਸਹੀ ਜੀਵਨ-ਜੁਗਤਿ ਦੀ ਸਮਝ ਆ ਜਾਂਦੀ ਹੈ, ਸਤਿਗੁਰੂ ਉਸ ਦਾ ਜਨਮ ਮਰਨ ਦਾ ਗੇੜ ਮੁਕਾ ਦੇਂਦਾ ਹੈ।
42499	992	ਸਬਦੁ ਵਸਾਏ ਭਰਮੁ ਚੁਕਾਏ ਸਦਾ ਸੇਵਕੁ ਦਿਨੁ ਰਾਤੀ॥੪॥		Sabadh Vasaaeae Bharam Chukaaeae Sadhaa Saevak Dhin Raathee ||4||	The Word of the Shabad abides within, and doubt is ended, for those who constantly serve, day and night. ||4||	ਉਹ ਗੁਰੂ ਦਾ ਸ਼ਬਦ ਆਪਣੇ ਹਿਰਦੇ ਵਿਚ ਵਸਾਂਦਾ ਹੈ (ਇਸ ਤਰ੍ਹਾਂ ਆਪਣੇ ਮਨ ਦੀ) ਭਟਕਣਾ ਮੁਕਾਂਦਾ ਹੈ ਤੇ ਦਿਨ ਰਾਤ ਸਦਾ ਦਾ ਸੇਵਕ ਬਣਿਆ ਰਹਿੰਦਾ ਹੈ ॥੪॥
42500	992	ਊਪਰਿ ਗਗਨੁ ਗਗਨ ਪਰਿ ਗੋਰਖੁ ਤਾ ਕਾ ਅਗਮੁ ਗੁਰੂ ਪੁਨਿ ਵਾਸੀ॥		Oopar Gagan Gagan Par Gorakh Thaa Kaa Agam Guroo Pun Vaasee ||	Above is the sky of the mind, and beyond this sky is the Lord, the Protector of the World; the Inaccessible Lord God; the Guru abides there as well.	(ਦੁਨੀਆ ਦੇ ਮਾਇਕ ਫੁਰਨਿਆਂ ਦੀ ਪਹੁੰਚ ਤੋਂ ਦੂਰ) ਉੱਚਾ ਉਹ ਚਿੱਤ-ਆਕਾਸ਼ ਹੈ (ਉਹ ਆਤਮਕ ਅਵਸਥਾ ਹੈ) ਜਿਥੇ ਸ੍ਰਿਸ਼ਟੀ ਦਾ ਪਾਲਕ ਪਰਮਾਤਮਾ ਵਸ ਸਕਦਾ ਹੈ; ਉਸ ਪ੍ਰਭੂ (ਦੇ ਮਿਲਾਪ) ਦਾ ਉਹ ਟਿਕਾਣਾ ਅਪਹੁੰਚ ਹੈ (ਕਿਉਂਕਿ ਜੀਵ ਮੁੜ ਮੁੜ ਮਾਇਆ ਵਲ ਪਰਤਦਾ ਰਹਿੰਦਾ ਹੈ)। ਫਿਰ ਭੀ ਗੁਰੂ ਦੀ ਰਾਹੀਂ ਉਸ ਟਿਕਾਣੇ ਦਾ ਵਸਨੀਕ ਬਣ ਜਾਈਦਾ ਹੈ।

42501	992	ਗੁਰ ਬਚਨੀ ਬਾਹਰਿ ਘਰਿ ਏਕੋ ਨਾਨਕੁ ਭਇਆ ਉਦਾਸੀ॥੫॥੧੧॥		Gur Bachanee Baahar Ghar Eaeko Naanak Bhaeiaa Oudhaasee ||5||11||	According to the Word of the Guru's Teachings,what is outside is the same as what is inside the home of the self. Nanak has become a detached renunciate. ||5||11||	ਨਾਨਕ ਗੁਰੂ ਦੇ ਦੱਸੇ ਰਸਤੇ ਤੇ ਤੁਰ ਕੇ ਜਗਤ ਦੇ ਮੋਹ ਤੋਂ ਉਪਰਾਮ ਹੋ ਗਿਆ ਹੈ, (ਇਸ ਤਰ੍ਹਾਂ) ਆਪਣੇ ਅੰਦਰ ਤੇ ਸਾਰੇ ਜਗਤ ਵਿਚ ਇਕ ਪ੍ਰਭੂ ਨੂੰ ਹੀ ਵੇਖਦਾ ਹੈ ॥੫॥੧੧॥
42502	993	ਰਾਗੁ ਮਾਰੂ ਮਹਲਾ ੧ ਘਰੁ ੫		Raag Maaroo Mehalaa 1 Ghar 5	Raag Maaroo, First Mehl, Fifth House:	ਰਾਗ ਮਾਰੂ, ਘਰ ੫ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
42503	993	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
42504	993	ਅਹਿ ਨਿਸਿ ਜਾਗੈ ਨੀਦ ਨ ਸੋਵੈ॥		Ahinis Jaagai Needh N Sovai ||	Day and night, he remains awake and aware; he never sleeps or dreams.	(ਨਾਮ-ਅੰਮ੍ਰਿਤ ਦਾ ਵਪਾਰੀ ਜੀਵ) ਦਿਨ ਰਾਤਿ ਸੁਚੇਤ ਰਹਿੰਦਾ ਹੈ। ਉਹ ਮਾਇਆ ਦੇ ਮੋਹ ਦੀ ਨੀਂਦ ਵਿਚ ਸੌਂਦਾ ਨਹੀਂ।
42505	993	ਸੋ ਜਾਣੈ ਜਿਸੁ ਵੇਦਨ ਹੋਵੈ॥		So Jaanai Jis Vaedhan Hovai ||	He alone knows this, who feels the pain of separation from God.	ਨਾਮ-ਅੰਮ੍ਰਿਤ ਦੀ ਕਦਰ ਜਾਣਦਾ ਭੀ ਉਹੀ ਮਨੁੱਖ ਹੈ ਜਿਸ ਦੇ ਅੰਦਰ ਪਰਮਾਤਮਾ ਨਾਲੋਂ ਵਿਛੋੜੇ ਦੇ ਅਹਿਸਾਸ ਦੀ ਤੜਫ ਹੋਵੇ।

42506	993	ਪ੍ਰੇਮ ਕੇ ਕਾਨ ਲਗੇ ਤਨ ਭੀਤਰਿ ਵੈਦੁ ਕਿ ਜਾਣੈ ਕਾਰੀ ਜੀਉ॥੧॥		Praem Kae Kaan Lagae Than Bheethar Vaidh K Jaanai Kaaree Jeeo ||1||	My body is pierced through with the arrow of love. How can any physician know the cure? ||1||	ਜਿਸ ਦੇ ਸਰੀਰ ਵਿਚ ਪ੍ਰਭੂ-ਪ੍ਰੇਮ ਦੇ ਤੀਰ ਲੱਗੇ ਹੋਣ। ਸਰੀਰਕ ਰੋਗਾਂ ਦਾ ਇਲਾਜ ਕਰਨ ਵਾਲਾ ਬੰਦਾ ਬਿਰਹੋਂ-ਰੋਗ ਦਾ ਇਲਾਜ ਕਰਨਾ ਨਹੀਂ ਜਾਣਦਾ ॥੧॥
42507	993	ਜਿਸ ਨੋ ਸਾਚਾ ਸਿਫਤੀ ਲਾਏ॥		Jis No Saachaa Sifathee Laaeae ||	Rare is that one, who as Gurmukh,	ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪਣੀ ਸਿਫ਼ਤ-ਸਾਲਾਹ ਵਿਚ ਜੋੜਦਾ ਹੈ,
42508	993	ਗੁਰਮੁਖਿ ਵਿਰਲੇ ਕਿਸੈ ਬੁਝਾਏ॥	ਬੁੱਝਾਏ	Guramukh Viralae Kisai Bujhaaeae ||	Understands, and whom the True Lord links to His Praise.	ਅਤੇ ਜਿਸ ਕਿਸੇ ਵਿਰਲੇ ਬੰਦੇ ਨੂੰ ਗੁਰੂ ਦੀ ਰਾਹੀਂ ਪਰਮਾਤਮਾ ਆਪਣੀ ਸਿਫ਼ਤ-ਸਾਲਾਹ ਦੀ ਕਦਰ ਸਮਝਾਂਦਾ ਹੈ,
42509	993	ਅੰਮ੍ਰਿਤ ਕੀ ਸਾਰ ਸੋਈ ਜਾਣੈ ਜਿ ਅੰਮ੍ਰਿਤ ਕਾ ਵਾਪਾਰੀ ਜੀਉ॥੧॥ਰਹਾਉ॥		Anmrith Kee Saar Soee Jaanai J Anmrith Kaa Vaapaaree Jeeo ||1|| Rehaao ||	He alone appreciates the value of the Ambsosial Nectar, who deals in this Ambrosia. ||1||Pause||	ਆਤਮਕ ਜੀਵਨ ਦੇਣ ਵਾਲੀ ਸਿਫ਼ਤ-ਸਾਲਾਹ ਦੀ ਕਦਰ ਉਹੀ ਬੰਦਾ ਜਾਣਦਾ ਹੈ ਕਿਉਂਕਿ ਉਹ ਇਸ ਨਾਮ-ਅੰਮ੍ਰਿਤ ਦਾ ਵਪਾਰੀ ਬਣ ਜਾਂਦਾ ਹੈ ॥੧॥ ਰਹਾਉ ॥
42510	993	ਪਿਰ ਸੇਤੀ ਧਨ ਪ੍ਰੇਮੁ ਰਚਾਏ॥		Pir Saethee Dhhan Praem Rachaaeae ||	The soul-bride is in love with her Husband Lord;	ਜਿਵੇਂ ਇਸਤ੍ਰੀ (ਆਪਣਾ ਆਪਾ ਵਾਰ ਕੇ) ਆਪਣੇ ਪਤੀ ਨਾਲ ਪਿਆਰ ਕਰਦੀ ਹੈ,
42511	993	ਗੁਰ ਕੈ ਸਬਦਿ ਤਥਾ ਚਿਤੁ ਲਾਏ॥		Gur Kai Sabadh Thathhaa Chith Laaeae ||	The focuses her consciousness on the Word of the Guru's Shabad.	ਤਿਵੇਂ ਜੇਹੜੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਵਿਚ ਚਿੱਤ ਜੋੜਦੀ ਹੈ,

42512	993	ਸਹਜ ਸੇਤੀ ਧਨ ਖਰੀ ਸੁਹੇਲੀ ਤ੍ਰਿਸਨਾ ਤਿਖਾ ਨਿਵਾਰੀ ਜੀਉ॥੨॥		Sehaj Saethee Dhhan Kharee Suhaelee Thrisanaa Thikhaa Nivaaree Jeeo ||2||	The soul-bride is joyously embellished with intuitive ease; her hunger and thirst are taken away. ||2||	ਉਹ ਜੀਵ-ਇਸਤ੍ਰੀ ਆਤਮਕ ਅਡੋਲਤਾ ਵਿਚ ਟਿਕ ਕੇ ਬਹੁਤ ਸੁਖੀ ਹੋ ਜਾਂਦੀ ਹੈ, ਉਹ (ਆਪਣੇ ਅੰਦਰੋਂ) ਮਾਇਆ ਦੀ ਤ੍ਰਿਸ਼ਨਾ ਮਾਇਆ ਦੀ ਪਿਆਸ ਦੂਰ ਕਰ ਲੈਂਦੀ ਹੈ ॥੨॥
42513	993	ਸਹਸਾ ਤੋੜੇ ਭਰਮੁ ਚੁਕਾਏ॥		Sehasaa Thorrae Bharam Chukaaeae ||	Tear down skepticism and dispel your doubt;	ਜੇਹੜੀ ਜੀਵ-ਇਸਤ੍ਰੀ ਸਹਿਮ-ਤੌਖ਼ਲਾ ਮੁਕਾਂਦੀ ਹੈ ਮਾਇਆ ਵਾਲੀ ਭਟਕਣਾ ਖ਼ਤਮ ਕਰਦੀ ਹੈ,
42514	993	ਸਹਜੇ ਸਿਫਤੀ ਧਣਖੁ ਚੜਾਏ॥	ਚੜ੍ਹਾਏ	Sehajae Sifathee Dhhanakh Charraaeae ||	With your intuition, draw the bow of the Praise of the Lord.	ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਧਣਖ (ਬਾਣ) ਕਸਦੀ ਹੈ,
42515	993	ਗੁਰ ਕੈ ਸਬਦਿ ਮਰੈ ਮਨੁ ਮਾਰੇ ਸੁੰਦਰਿ ਜੋਗਾ ਧਾਰੀ ਜੀਉ॥੩॥	ਜੋੱਗਾ	Gur Kai Sabadh Marai Man Maarae Sundhar Jogaadhhaaree Jeeo ||3||	Through the Word of the Guru's Shabad, conquer and subdue your mind; take the support of Yoga - Union with the beautiful Lord. ||3||	ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ (ਆਪਾ-ਭਾਵ ਵਲੋਂ) ਮਰਦੀ ਹੈ ਆਪਣੇ ਮਨ ਨੂੰ ਵੱਸ ਵਿਚ ਰੱਖਦੀ ਹੈ ਉਹ ਸੁੰਦਰ ਜੀਵ-ਇਸਤ੍ਰੀ ਪ੍ਰਭੂ-ਮਿਲਾਪ ਦੇ ਆਸਰੇ ਵਾਲੀ ਹੋ ਜਾਂਦੀ ਹੈ (ਭਾਵ, ਪ੍ਰਭੂ-ਚਰਨਾਂ ਦਾ ਮਿਲਾਪ ਉਸ ਦੇ ਜੀਵਨ ਦਾ ਆਸਰਾ ਬਣ ਜਾਂਦਾ ਹੈ) ॥੩॥
42516	993	ਹਉਮੈ ਜਲਿਆ ਮਨਹੁ ਵਿਸਾਰੇ॥		Houmai Jaliaa Manahu Visaarae ||	Burnt by egotism, one forgets the Lord from his mind.	ਜੇਹੜਾ ਜੀਵ ਹਉਮੈ ਵਿਚ ਸੜਿਆ ਰਹਿ ਕੇ (ਆਤਮਕ ਜੀਵਨ ਦੇ ਅੰਕੁਰ ਨੂੰ ਸਾੜ ਕੇ) ਪਰਮਾਤਮਾ ਨੂੰ ਆਪਣੇ ਮਨ ਤੋਂ ਭੁਲਾ ਦੇਂਦਾ ਹੈ।

42517	993	ਜਮਪੁਰਿ ਵਜਹਿ ਖੜਗ ਕਰਾਰੇ॥	ਵੱਜਹਿ	Jam Pur Vajehi Kharrag Karaarae ||	In the City of Death, he is attacked with massive swords.	ਉਸ ਨੂੰ ਜਮ ਦੇ ਸ਼ਹਿਰ ਵਿਚ ਕਰੜੇ ਖੰਡੇ ਵੱਜਦੇ ਹਨ (ਭਾਵ, ਇਤਨੇ ਆਤਮਕ ਕਲੇਸ਼ ਹੁੰਦੇ ਹਨ, ਮਾਨੋ, ਖੰਡਿਆਂ ਦੀਆਂ ਤਕੜੀਆਂ ਚੋਟਾਂ ਵੱਜ ਰਹੀਆਂ ਹਨ)।
42518	993	ਅਬ ਕੈ ਕਹਿਐ ਨਾਮੁ ਨ ਮਿਲਈ ਤੂ ਸਹੁ ਜੀਅੜੇ ਭਾਰੀ ਜੀਉ॥੪॥		Ab Kai Kehiai Naam N Milee Thoo Sahu Jeearrae Bhaaree Jeeo ||4||	Then, even if he asks for it, he will not receive the Lord's Name; O soul, you shall suffer terrible punishment. ||4||	ਉਸ ਵੇਲੇ (ਜਦੋਂ ਮਾਰ ਪੈ ਰਹੀ ਹੁੰਦੀ ਹੈ) ਤਰਲੇ ਲਿਆਂ ਨਾਮ (ਸਿਮਰਨ ਦਾ ਮੌਕਾ) ਨਹੀਂ ਮਿਲਦਾ। (ਹੇ ਜੀਵ! ਜੇ ਤੂੰ ਸਾਰੀ ਉਮਰ ਇਤਨਾ ਗ਼ਾਫ਼ਿਲ ਰਿਹਾ ਹੈਂ ਤਾਂ) ਉਹ ਭਾਰਾ ਦੁੱਖ ਪਿਆ ਸਹਾਰ (ਉਸ ਭਾਰੇ ਕਸ਼ਟ ਵਿਚੋਂ ਤੈਨੂੰ ਕੋਈ ਕੱਢ ਨਹੀਂ ਸਕਦਾ) ॥੪॥
42519	993	ਮਾਇਆ ਮਮਤਾ ਪਵਹਿ ਖਿਆਲੀ॥		Maaeiaa Mamathaa Pavehi Khiaalee ||	You are distracted by thoughts of Maya and worldly attachment.	ਹੇ ਜੀਵ! ਜੇ ਤੂੰ ਹੁਣ ਮਾਇਆ ਦੀ ਮਮਤਾ ਦੇ ਖ਼ਿਆਲਾਂ ਵਿਚ ਹੀ ਪਿਆ ਰਹੇਂਗਾ (ਜੇ ਤੂੰ ਸਾਰੀ ਉਮਰ ਮਾਇਆ ਜੋੜਨ ਦੇ ਆਹਰਾਂ ਵਿਚ ਹੀ ਰਹੇਂਗਾ, ਤਾਂ ਆਖ਼ਰ)
42520	993	ਜਮਪੁਰਿ ਫਾਸਹਿਗਾ ਜਮ ਜਾਲੀ॥	ਫਾਸਹਿ-ਗਾ, ਜਾਲ਼ੀ: ਪੋਲਾ ਬੋਲੋ	Jam Pur Faasehigaa Jam Jaalee ||	In the City of Death, you will be caught by the noose of the Messenger of Death.	ਜਮ ਦੀ ਨਗਰੀ ਵਿਚ ਜਮ ਦੇ ਜਾਲ ਵਿਚ ਫਸੇਂਗਾ।

42521	993	ਹੇਤ ਕੇ ਬੰਧਨ ਤੋੜਿ ਨ ਸਾਂਕਹਿ ਤਾ ਜਮੁ ਕਰੇ ਖੁਆਰੀ ਜੀਉ॥੫॥	ਸਾਂਕ-ਹਿ	Haeth Kae Bandhhan Thorr N Saakehi Thaa Jam Karae Khuaaree Jeeo ||5||	You cannot break free from the bondage of loving attachment, and so the Messenger of Death will torture you. ||5||	(ਉਸ ਵੇਲੇ) ਤੂੰ ਮੋਹ ਦੇ ਬੰਧਨ ਤੋੜ ਨਹੀਂ ਸਕੇਂਗਾ, (ਤਾਹੀਏਂ) ਤਦੋਂ ਜਮਰਾਜ ਤੇਰੀ ਬੇ-ਇੱਜ਼ਤੀ ਕਰੇਗਾ ॥੫॥
42522	993	ਨਾ ਹਉ ਕਰਤਾ ਨਾ ਮੈ ਕੀਆ॥		Naa Ho Karathaa Naa Mai Keeaa ||	I have done nothing; I am doing nothing now.	(ਪਰ, ਹੇ ਪ੍ਰਭੂ! ਤੇਰੀ ਮਾਇਆ ਦੇ ਟਾਕਰੇ ਤੇ ਮੈਂ ਕੀਹ ਵਿਚਾਰਾ ਹਾਂ? ਮਾਇਆ ਦੇ ਬੰਧਨਾਂ ਤੋਂ ਬਚਣ ਲਈ) ਨਾਹ ਹੀ ਮੈਂ ਹੁਣ ਕੁਝ ਕਰ ਰਿਹਾ ਹਾਂ, ਨਾਹ ਹੀ ਇਸ ਤੋਂ ਪਹਿਲਾਂ ਕੁਝ ਕਰ ਸਕਿਆ ਹਾਂ।
42523	993	ਅੰਮ੍ਰਿਤੁ ਨਾਮੁ ਸਤਿਗੁਰਿ ਦੀਆ॥		Anmrith Naam Sathigur Dheeaa ||	The True Guru has blessed me with the Ambrosial Nectar of the Naam.	ਮੈਨੂੰ ਤਾਂ ਸਤਿਗੁਰੂ ਨੇ (ਮੇਹਰ ਕਰ ਕੇ) ਤੇਰਾ ਆਤਮਕ ਜੀਵਨ ਦੇਣ ਵਾਲਾ ਨਾਮ ਬਖ਼ਸ਼ਿਆ ਹੈ।
42524	993	ਜਿਸੁ ਤੂ ਦੇਹਿ ਤਿਸੈ ਕਿਆ ਚਾਰਾ ਨਾਨਕ ਸਰਣਿ ਤੁਮਾਰੀ ਜੀਉ॥੬॥੧॥੧੨॥		Jis Thoo Dhaehi Thisai Kiaa Chaaraa Naanak Saran Thumaaree Jeeo ||6||1||12||	What other efforts can anyone make, when You bestow Your blessing? Nanak seeks Your Sanctuary. ||6||1||12||	ਜਿਸ ਨੂੰ ਤੂੰ (ਗੁਰੂ ਦੀ ਰਾਹੀਂ ਆਪਣਾ ਅੰਮ੍ਰਿਤ-ਨਾਮ) ਦੇਂਦਾ ਹੈਂ ਉਸ ਨੂੰ ਕੋਈ ਹੋਰ ਤਦਬੀਰ ਕਰਨ ਦੀ ਲੋੜ ਹੀ ਨਹੀਂ ਰਹਿ ਜਾਂਦੀ। ਹੇ ਨਾਨਕ! (ਪ੍ਰਭੂ-ਦਰ ਤੇ ਅਰਦਾਸ ਕਰ ਕਿ) ਮੈਂ ਤੇਰੀ ਸਰਨ ਆਇਆ ਹਾਂ ॥੬॥੧॥੧੨॥

42525	993	ਮਾਰੂ ਮਹਲਾ ੩ ਘਰੁ ੧		Maaroo Mehalaa 3 Ghar 1	Maaroo, Third Mehl, First House:	ਰਾਗ ਮਾਰੂ, ਘਰ ੧ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।
42526	993	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
42527	993	ਜਹ ਬੈਸਾਲਹਿ ਤਹ ਬੈਸਾ ਸੁਆਮੀ ਜਹ ਭੇਜਹਿ ਤਹ ਜਾਵਾ॥		Jeh Baisaalehi Theh Baisaa Suaamee Jeh Bhaejehi Theh Jaavaa ||	Wherever You seat me, there I sit, O my Lord and Master; wherever You send me, there I go.	ਹੇ ਪ੍ਰਭੂ! (ਜਦੋਂ ਮੈਂ ਆਤਮਕ ਅਡੋਲਤਾ ਵਿਚ ਲੀਨ ਰਹਾਂਗਾ, ਤਾਂ) ਜਿੱਥੇ ਤੂੰ ਮੈਨੂੰ ਬਿਠਾਏਂਗਾ ਮੈਂ ਉਥੇ ਬੈਠਾ ਰਹਾਂਗਾ, ਜਿਥੇ ਤੂੰ ਮੈਨੂੰ ਭੇਜੇਂਗਾ ਮੈਂ ਉਥੇ ਜਾਵਾਂਗਾ (ਭਾਵ, ਮੈਂ ਹਰ ਵੇਲੇ ਤੇਰੀ ਰਜ਼ਾ ਵਿਚ ਰਹਾਂਗਾ)।
42528	993	ਸਭ ਨਗਰੀ ਮਹਿ ਏਕੋ ਰਾਜਾ ਸਭੇ ਪਵਿਤੁ ਹਹਿ ਥਾਵਾ॥੧॥	ਨੱਗਰੀ	Sabh Nagaree Mehi Eaeko Raajaa Sabhae Pavith Hehi Thhaavaa ||1||	In the entire village, there is only One King; all places are sacred. ||1||	ਹੇ ਸੁਆਮੀ! ਸਾਰੀ ਸ੍ਰਿਸ਼ਟੀ ਵਿਚ ਮੈਨੂੰ ਤੂੰ ਹੀ ਇਕ ਪਾਤਿਸ਼ਾਹ (ਦਿੱਸੇਂਗਾ, ਤੇਰੀ ਵਿਆਪਕਤਾ ਦੇ ਕਾਰਨ ਧਰਤੀ ਦੇ) ਸਾਰੇ ਹੀ ਥਾਂ ਮੈਨੂੰ ਪਵਿੱਤਰ ਜਾਪਣਗੇ ॥੧॥
42529	993	ਬਾਬਾ ਦੇਹਿ ਵਸਾ ਸਚ ਗਾਵਾ॥		Baabaa Dhaehi Vasaa Sach Gaavaa ||	O Baba, while I dwell in this body, let me sing Your True Praises,	ਹੇ ਪ੍ਰਭੂ! ਤੂੰ (ਮੈਨੂੰ ਇਹ ਦਾਨ) ਦੇਹ ਕਿ ਮੈਂ ਤੇਰੀ ਸਾਧ ਸੰਗਤ ਵਿਚ ਟਿਕਿਆ ਰਹਾਂ,

42530	993	ਜਾ ਤੇ ਸਹਜੇ ਸਹਜਿ ਸਮਾਵਾ॥੧॥ਰਹਾਉ॥		Jaa Thae Sehajae Sehaj Samaavaa ||1|| Rehaao ||	That I may intuitively merge with You. ||1||Pause||	ਜਿਸ ਦੀ ਬਰਕਤਿ ਨਾਲ ਮੈਂ ਸਦਾ ਆਤਮਕ ਅਡੋਲਤਾ ਵਿਚ ਲੀਨ ਰਹਾਂ ॥੧॥ ਰਹਾਉ ॥
42531	993	ਬੁਰਾ ਭਲਾ ਕਿਛੁ ਆਪਸ ਤੇ ਜਾਨਿਆ ਏਈ ਸਗਲ ਵਿਕਾਰਾ॥		Buraa Bhalaa Kishh Aapas Thae Jaaniaa Eaeee Sagal Vikaaraa ||	He thinks that good and bad deeds come from himself; this is the source of all evil.	ਹਉਮੈ ਦੇ ਕਾਰਨ ਮਨੁੱਖ ਕਿਸੇ ਨੂੰ ਭੈੜਾ ਤੇ ਕਿਸੇ ਨੂੰ ਚੰਗਾ ਸਮਝਦਾ ਹੈ, ਇਹ ਹਉਮੈ ਹੀ ਸਾਰੇ ਵਿਕਾਰਾਂ ਦਾ ਮੂਲ ਬਣਦੀ ਹੈ।
42532	993	ਇਹੁ ਫੁਰਮਾਇਆ ਖਸਮ ਕਾ ਹੋਆ ਵਰਤੈ ਇਹੁ ਸੰਸਾਰਾ॥੨॥		Eihu Furamaaeiaa Khasam Kaa Hoaa Varathai Eihu Sansaaraa ||2||	Whatever happens in this world is only by the Order of our Lord and Master. ||2||	(ਸਾਧ ਸੰਗਤ ਦੀ ਬਰਕਤਿ ਨਾਲ ਆਤਮਕ ਅਡੋਲਤਾ ਵਿਚ ਰਹਿਣ ਵਾਲੇ ਨੂੰ ਦਿੱਸਦਾ ਹੈ ਕਿ) ਇਹ ਭੀ ਖਸਮ-ਪ੍ਰਭੂ ਦਾ ਹੁਕਮ ਹੀ ਹੋ ਰਿਹਾ ਹੈ, ਇਹ ਹੁਕਮ ਹੀ ਸਾਰੇ ਜਗਤ ਵਿਚ ਵਰਤ ਰਿਹਾ ਹੈ ॥੨॥
42533	993	ਇੰਦ੍ਰੀ ਧਾਤੁ ਸਬਲ ਕਹੀਅਤ ਹੈ ਇੰਦ੍ਰੀ ਕਿਸ ਤੇ ਹੋਈ॥		Eindhree Dhhaath Sabal Keheeath Hai Eindhree Kis Thae Hoee ||	Sexual desires are so strong and compelling; where has this sexual desire come from?	(ਸਾਰੀ ਸ੍ਰਿਸ਼ਟੀ ਵਿਚ) ਇਹ ਗੱਲ ਆਖੀ ਜਾ ਰਹੀ ਹੈ ਕਿ ਇੰਦ੍ਰਿਆਂ ਦੀ ਦੌੜ-ਭੱਜ ਬੜੀ ਬਲ ਵਾਲੀ ਹੈ; ਪਰ (ਕਾਮ-ਵਾਸਨਾ ਆਦਿਕ ਵਾਲੀ) ਇੰਦ੍ਰੀ ਭੀ (ਪਰਮਾਤਮਾ ਤੋਂ ਬਿਨਾ) ਕਿਸੇ ਹੋਰ ਤੋਂ ਨਹੀਂ ਬਣੀ।

42534	993	ਆਪੇ ਖੇਲ ਕਰੈ ਸਭਿ ਕਰਤਾ ਐਸਾ ਬੂਝੈ ਕੋਈ॥੩॥	ਬੂੱਝੈ	Aapae Khael Karai Sabh Karathaa Aisaa Boojhai Koee ||3||	The Creator Himself stages all the plays; how rare are those who realize this. ||3||	(ਸਾਧ ਸੰਗਤ ਦੀ ਬਰਕਤਿ ਨਾਲ ਸਹਿਜ ਅਵਸਥਾ ਵਿਚ ਟਿਕਿਆ ਹੋਇਆ) ਕੋਈ ਵਿਰਲਾ ਮਨੁੱਖ ਇਉਂ ਸਮਝਦਾ ਹੈ ਕਿ ਸਾਰੇ ਕੌਤਕ ਕਰਤਾਰ ਆਪ ਹੀ ਕਰ ਰਿਹਾ ਹੈ ॥੩॥
42535	993	ਗੁਰ ਪਰਸਾਦੀ ਏਕ ਲਿਵ ਲਾਗੀ ਦੁਬਿਧਾ ਤਦੇ ਬਿਨਾਸੀ॥		Gur Parasaadhee Eaek Liv Laagee Dhubidhhaa Thadhae Binaasee ||	By Guru's Grace, one is lovingly focused on the One Lord, and then, duality is ended.	(ਸਾਧ ਸੰਗਤ ਵਿਚ ਰਹਿ ਕੇ ਜਦੋਂ) ਗੁਰੂ ਦੀ ਕਿਰਪਾ ਨਾਲ ਇਕ ਪਰਮਾਤਮਾ ਦਾ ਪਿਆਰ (ਹਿਰਦੇ ਵਿਚ) ਬਣ ਜਾਂਦਾ ਹੈ, ਤਦੋਂ (ਮਨੁੱਖ ਦੇ ਅੰਦਰੋਂ) ਮੇਰ-ਤੇਰ ਦੂਰ ਹੋ ਜਾਂਦੀ ਹੈ।
42536	993	ਜੋ ਤਿਸੁ ਭਾਣਾ ਸੋ ਸਤਿ ਕਰਿ ਮਾਨਿਆ ਕਾਟੀ ਜਮ ਕੀ ਫਾਸੀ॥੪॥		Jo This Bhaanaa So Sath Kar Maaniaa Kaattee Jam Kee Faasee ||4||	Whatever is in harmony with His Will, he accepts as True; the noose of Death is loosened from around his neck. ||4||	ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ ਉਹ ਮਨੁੱਖ ਉਸ ਨੂੰ ਠੀਕ ਮੰਨਦਾ ਹੈ, ਤੇ, ਉਸ ਦੀ ਆਤਮਕ ਮੌਤ ਵਾਲੀ ਫਾਹੀ ਕੱਟੀ ਜਾਂਦੀ ਹੈ ॥੪॥
42537	993	ਭਣਤਿ ਨਾਨਕੁ ਲੇਖਾ ਮਾਗੈ ਕਵਨਾ ਜਾ ਚੂਕਾ ਮਨਿ ਅਭਿਮਾਨਾ॥		Bhanath Naanak Laekhaa Maagai Kavanaa Jaa Chookaa Man Abhimaanaa ||	Prays Nanak, who can call him to account, when the egotistical pride of his mind has been silenced?	ਨਾਨਕ ਆਖਦਾ ਹੈ ਕਿ (ਸਾਧ ਸੰਗਤ ਦੀ ਬਰਕਤਿ ਨਾਲ) ਜਦੋਂ ਮਨੁੱਖ ਦੇ ਮਨ ਵਿਚ (ਵੱਸਦਾ) ਅਹੰਕਾਰ ਮੁੱਕ ਜਾਂਦਾ ਹੈ ਤਾਂ ਕੋਈ ਭੀ (ਉਸ ਪਾਸੋਂ ਉਸ ਦੇ ਮਾੜੇ ਕਰਮਾਂ ਦਾ) ਲੇਖਾ ਨਹੀਂ ਮੰਗ ਸਕਦਾ (ਕਿਉਂਕਿ ਉਸ ਦੇ ਅੰਦਰ ਕੋਈ ਭੈੜ ਰਹਿ ਹੀ ਨਹੀਂ ਜਾਂਦੇ)।

42538	993	ਤਾਸੁ ਤਾਸੁ ਧਰਮਰਾਇ ਜਪਤੁ ਹੈ ਪਏ ਸਚੇ ਕੀ ਸਰਨਾ॥੫॥੧॥		Thaas Thaas Dhharam Raae Japath Hai Peae Sachae Kee Saranaa ||5||1||	Even the Righteous Judge of Dharma is intimidated and afraid of him; he has entered the Sanctuary of the True Lord. ||5||1||	(ਸਾਧ ਸੰਗਤ ਵਿਚ ਰਹਿਣ ਵਾਲੇ ਬੰਦੇ) ਉਸ ਸਦਾ-ਥਿਰ ਪ੍ਰਭੂ ਦੀ ਸਰਨ ਪਏ ਰਹਿੰਦੇ ਹਨ ਜਿਸ ਦੀ ਹਜ਼ੂਰੀ ਵਿਚ ਧਰਮਰਾਜ ਭੀ ਆਖਦਾ ਰਹਿੰਦਾ ਹੈ-ਮੈਂ ਤੇਰੀ ਸਰਨ ਹਾਂ, ਮੈਂ ਤੇਰੀ ਸਰਨ ਹਾਂ ॥੫॥੧॥
42539	993	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
42540	993	ਆਵਣ ਜਾਣਾ ਨਾ ਥੀਐ ਨਿਜ ਘਰਿ ਵਾਸਾ ਹੋਇ॥		Aavan Jaanaa Naa Thheeai Nij Ghar Vaasaa Hoe ||	Coming and going in reincarnation no longer exist, when one dwells in the home of the self within.	(ਸਿਮਰਨ ਦਾ ਸਦਕਾ) ਜਨਮ ਮਰਨ (ਦਾ ਗੇੜ) ਨਹੀਂ ਰਹਿੰਦਾ, ਆਪਣੇ ਅਸਲ ਘਰ ਵਿਚ (ਪ੍ਰਭੂ ਦੀ ਹਜ਼ੂਰੀ ਵਿਚ) ਸੁਰਤ ਟਿਕੀ ਰਹਿੰਦੀ ਹੈ।
42541	993	ਸਚੁ ਖਜਾਨਾ ਬਖਸਿਆ ਆਪੇ ਜਾਣੈ ਸੋਇ॥੧॥		Sach Khajaanaa Bakhasiaa Aapae Jaanai Soe ||1||	He bestowed the Blessing of His treasure of truth; only He Himself knows. ||1||	ਪਰ ਸਦਾ-ਥਿਰ ਪ੍ਰਭੂ ਦਾ ਇਹ ਨਾਮ-ਖ਼ਜ਼ਾਨਾ (ਉਸ ਨੇ ਆਪ ਹੀ) ਬਖ਼ਸ਼ਿਆ ਹੈ, ਉਹ ਪ੍ਰਭੂ ਆਪ ਹੀ ਜਾਣਦਾ ਹੈ (ਕਿ ਕੌਣ ਇਸ ਦਾਤ ਦੇ ਯੋਗ ਹੈ) ॥੧॥
42542	994	ਏ ਮਨ ਹਰਿ ਜੀਉ ਚੇਤਿ ਤੂ ਮਨਹੁ ਤਜਿ ਵਿਕਾਰ॥		Eae Man Har Jeeo Chaeth Thoo Manahu Thaj Vikaar ||	O my mind, remember the Dear Lord, and abandon the corruption of your mind.	ਹੇ ਮਨ! ਪਰਮਾਤਮਾ ਨੂੰ ਯਾਦ ਕਰਦਾ ਰਹੁ। ਤੂੰ ਆਪਣੇ ਮਨ ਵਿਚੋਂ ਵਿਚਾਰ ਛੱਡ ਦੇਹ।

42543	994	ਗੁਰ ਕੈ ਸਬਦਿ ਧਿਆਇ ਤੂ ਤਾ ਸਚਿ ਲਗੀ ਪਿਆਰੁ॥੧॥ਰਹਾਉ ॥		Gur Kai Sabadh Dhhiaae Thoo Sach Lagee Piaar ||1|| Rehaao ||	Meditate on the Word of the Guru's Shabad; focus lovingly on the Truth. ||1||Pause||	ਗੁਰੂ ਦੇ ਸ਼ਬਦ ਵਿਚ ਜੁੜ ਕੇ ਪ੍ਰਭੂ ਦਾ ਸਿਮਰਨ ਕਰਿਆ ਕਰ। (ਸਿਮਰਨ ਦੀ ਬਰਕਤਿ ਨਾਲ) ਸਦਾ-ਥਿਰ ਪ੍ਰਭੂ ਵਿਚ ਪਿਆਰ ਬਣੇਗਾ ॥੧॥ ਰਹਾਉ ॥
42544	994	ਐਥੈ ਨਾਵਹੁ ਭੁਲਿਆ ਫਿਰਿ ਹਥੁ ਕਿਥਾਊ ਨ ਪਾਇ॥		Aithhai Naavahu Bhuliaa Fir Hathh Kithhaaoo N Paae ||	One who forgets the Name in this world, shall not find any place of rest anywhere else.	ਇਸ ਜਨਮ ਵਿਚ ਪ੍ਰਭੂ ਦੇ ਨਾਮ ਤੋਂ ਖੁੰਝੇ ਰਿਹਾਂ (ਇਹ ਮਨੁੱਖਾ ਜਨਮ ਲੱਭਣ ਵਾਸਤੇ) ਮੁੜ ਕਿਤੇ ਭੀ ਹੱਥ ਨਹੀਂ ਪੈ ਸਕਦਾ।
42545	994	ਜੋਨੀ ਸਭਿ ਭਵਾਈਅਨਿ ਬਿਸਟਾ ਮਾਹਿ ਸਮਾਇ॥੨॥		Jonee Sabh Bhavaaeean Bisattaa Maahi Samaae ||2||	He shall wander in all sorts of reincarnations, and rot away in manure. ||2||	(ਨਾਮ ਤੋਂ ਖੁੰਝਿਆ ਬੰਦਾ) ਸਾਰੀਆਂ ਹੀ ਜੂਨਾਂ ਵਿਚ ਪਾਇਆ ਜਾਂਦਾ ਹੈ, ਉਹ ਸਦਾ ਵਿਕਾਰਾਂ ਦੇ ਗੰਦ ਵਿਚ ਪਿਆ ਰਹਿੰਦਾ ਹੈ ॥੨॥
42546	994	ਵਡਭਾਗੀ ਗੁਰੁ ਪਾਇਆ ਪੂਰਬਿ ਲਿਖਿਆ ਮਾਇ॥		Vaddabhaagee Gur Paaeiaa Poorab Likhiaa Maae ||	By great good fortune, I have found the Guru, according to my pre-ordained destiny, O my mother.	ਹੇ ਮਾਂ! ਜਿਸ ਮਨੁੱਖ ਦੇ ਮੱਥੇ ਉਤੇ ਧੁਰੋਂ ਲੇਖ ਲਿਖਿਆ ਹੁੰਦਾ ਹੈ, ਉਸ ਨੂੰ ਵੱਡੇ ਭਾਗਾਂ ਨਾਲ ਗੁਰੂ ਮਿਲਦਾ ਹੈ।

42547	994	ਅਨ ਦਿਨੁ ਸਚੀ ਭਗਤਿ ਕਰਿ ਸਚਾ ਲਏ ਮਿਲਾਇ॥੩॥		Anadhin Sachee Bhagath Kar Sachaa Leae Milaae ||3||	Night and day, I practice true devotional worship; I am united with the True Lord. ||3||	ਹਰ ਵੇਲੇ ਸਦਾ-ਥਿਰ ਪ੍ਰਭੂ ਦੀ ਭਗਤੀ ਕਰਨ ਦੇ ਕਾਰਨ ਸਦਾ-ਥਿਰ ਪ੍ਰਭੂ ਉਸ ਨੂੰ (ਆਪਣੇ ਚਰਨਾਂ ਵਿਚ) ਜੋੜੀ ਰੱਖਦਾ ਹੈ ॥੩॥
42548	994	ਆਪੇ ਸ੍ਰਿਸਟਿ ਸਭ ਸਾਜੀਅਨੁ ਆਪੇ ਨਦਰਿ ਕਰੇਇ॥		Aapae Srisatt Sabh Saajeean Aapae Nadhar Karaee ||	He Himself fashioned the entire universe; He Himself bestows His Glance of Grace.	ਹੇ ਨਾਨਕ! ਪਰਮਾਤਮਾ ਨੇ ਆਪ ਹੀ ਸਾਰੀ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹ ਆਪ ਹੀ (ਇਸ ਉਤੇ) ਮਿਹਰ ਦੀ ਨਿਗਾਹ ਕਰਦਾ ਹੈ।
42549	994	ਨਾਨਕ ਨਾਮਿ ਵਡਿਆਈਆ ਜੈ ਭਾਵੈ ਤੈ ਦੇਇ॥੪॥੨॥		Naanak Naam Vaddiaaeeaa Jai Bhaavai Thai Dhaee ||4||2||	O Nanak, the Naam, the Name of the Lord, is glorious and great; as He pleases, He bestows His Blessings. ||4||2||	ਜਿਹੜਾ ਜੀਵ ਉਸ ਨੂੰ ਚੰਗਾ ਲੱਗਦਾ ਹੈ ਉਸ ਨੂੰ (ਆਪਣੇ) ਨਾਮ ਵਿਚ (ਜੋੜ ਕੇ ਲੋਕ ਪਰਲੋਕ ਦੀਆਂ) ਵਡਿਆਈਆਂ ਦੇਂਦਾ ਹੈ ॥੪॥੨॥
42550	994	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
42551	994	ਪਿਛਲੇ ਗੁਨਹ ਬਖਸਾਇ ਜੀਉ ਅਬ ਤੂ ਮਾਰਗਿ ਪਾਇ॥		Pishhalae Guneh Bakhasaae Jeeo Ab Thoo Maarag Paae ||	Please forgive my past mistakes, O my Dear Lord; now, please place me on the Path.	ਹੇ ਪ੍ਰਭੂ ਜੀ! ਮੇਰੇ ਪਿਛਲੇ ਗੁਨਾਹ ਬਖ਼ਸ਼, ਹੁਣ ਤੂੰ ਮੈਨੂੰ ਸਹੀ ਰਸਤੇ ਉਤੇ ਤੋਰ;

42552	994	ਹਰਿ ਕੀ ਚਰਣੀ ਲਾਗਿ ਰਹਾ ਵਿਚਹੁ ਆਪੁ ਗਵਾਇ॥੧॥		Har Kee Charanee Laag Rehaa Vichahu Aap Gavaae ||1||	I remain attached to the Lord's Feet, and eradicate self-conceit from within. ||1||	ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਹਰੀ ਦੇ ਚਰਨਾਂ ਵਿਚ ਟਿਕਿਆ ਰਹਾਂ ॥੧॥
42553	994	ਮੇਰੇ ਮਨ ਗੁਰਮੁਖਿ ਨਾਮੁ ਹਰਿ ਧਿਆਇ॥		Maerae Man Guramukh Naam Har Dhhiaae ||	O my mind, as Gurmukh, meditate on the Name of the Lord.	ਹੇ ਮੇਰੇ ਮਨ! ਗੁਰੂ ਦੀ ਸਰਨ ਪੈ ਕੇ ਹਰੀ ਦਾ ਨਾਮ ਸਿਮਰਿਆ ਕਰ (ਤੇ, ਅਰਦਾਸ ਕਰਿਆ ਕਰ-ਹੇ ਪ੍ਰਭੂ! ਮਿਹਰ ਕਰ)
42554	994	ਸਦਾ ਹਰਿ ਚਰਣੀ ਲਾਗਿ ਰਹਾ ਇਕ ਮਨਿ ਏਕੈ ਭਾਇ॥੧॥ਰਹਾਉ॥	ਰਹਾਂ	Sadhaa Har Charanee Laag Rehaa Eik Man Eaekai Bhaae ||1|| Rehaao ||	Remain attached forever to the Lord's Feet,single-mindedly,with love for the One Lord. ||1||Pause||	ਮੈਂ ਸਦਾ, ਹੇ ਹਰੀ! ਇਕਾਗ੍ਰ-ਚਿੱਤ ਹੋ ਕੇ ਇਕ ਤੇਰੇ ਹੀ ਪਿਆਰ ਵਿਚ ਟਿਕ ਕੇ ਤੇਰੇ ਚਰਨਾਂ ਵਿਚ ਜੁੜਿਆ ਰਹਾਂ ॥੧॥ ਰਹਾਉ ॥
42555	994	ਨਾ ਮੈ ਜਾਤਿ ਨ ਪਤਿ ਹੈ ਨਾ ਮੈ ਥੇਹੁ ਨ ਥਾਉ॥		Naa Mai Jaath N Path Hai Naa Mai Thhaehu N Thhaao ||	I have no social status or honor; I have no place or home.	ਨਾਹ ਮੇਰੀ (ਕੋਈ ਉੱਚੀ) ਜਾਤਿ ਹੈ, ਨਾਹ (ਮੇਰੀ ਲੋਕਾਂ ਵਿਚ ਕੋਈ) ਇੱਜ਼ਤ ਹੈ, ਨਾਹ ਮੇਰੀ ਭੁਇੰ ਦੀ ਕੋਈ ਮਾਲਕੀ ਹੈ, ਨਾਹ ਮੇਰਾ ਕੋਈ ਘਰ-ਘਾਟ ਹੈ।

42556	994	ਸਬਦਿ ਭੇਦਿ ਭ੍ਰਮੁ ਕਟਿਆ ਗੁਰਿ ਨਾਮੁ ਦੀਆ ਸਮਝਾਇ॥੨॥		Sabadh Bhaedh Bhram Kattiaa Gur Naam Dheeaa Samajhaae ||2||	Pierced through by the Word of the Shabad, my doubts have been cut away. The Guru has inspired me to understand the Naam, the Name of the Lord. ||2||	(ਮੈਨੂੰ ਨਿਮਾਣੇ ਨੂੰ) ਗੁਰੂ ਨੇ (ਆਪਣੇ) ਸ਼ਬਦ ਨਾਲ ਵਿੰਨ੍ਹ ਕੇ ਮੇਰੀ ਭਟਕਣਾ ਕੱਟ ਦਿੱਤੀ ਹੈ, ਮੈਨੂੰ ਆਤਮਕ ਜੀਵਨ ਦੀ ਸੂਝ ਬਖ਼ਸ਼ ਕੇ ਪਰਮਾਤਮਾ ਦਾ ਨਾਮ ਦਿੱਤਾ ਹੈ ॥੨॥
42557	994	ਇਹੁ ਮਨੁ ਲਾਲਚ ਕਰਦਾ ਫਿਰੈ ਲਾਲਚਿ ਲਾਗਾ ਜਾਇ॥		Eihu Man Laalach Karadhaa Firai Laalach Laagaa Jaae ||	This mind wanders around, driven by greed, totally attached to greed.	(ਹਰਿ-ਨਾਮ ਤੋਂ ਖੁੰਝਿਆ ਹੋਇਆ) ਇਹ ਮਨ ਅਨੇਕਾਂ ਲਾਲਚ ਕਰਦਾ ਫਿਰਦਾ ਹੈ, (ਮਾਇਆ ਦੇ) ਲਾਲਚ ਵਿਚ ਲੱਗ ਕੇ ਭਟਕਦਾ ਹੈ।
42558	994	ਧੰਧੈ ਕੂੜਿ ਵਿਆਪਿਆ ਜਮਪੁਰਿ ਚੋਟਾ ਖਾਇ॥੩॥	ਚੋਟਾਂ	Dhhandhhai Koorr Viaapiaa Jam Pur Chottaa Khaae ||3||	He is engrossed in false pursuits; he shall endure beatings in the City of Death. ||3||	(ਮਾਇਆ ਦੇ) ਕੂੜੇ ਧੰਧੇ ਵਿਚ ਫਸਿਆ ਹੋਇਆ ਆਤਮਕ ਮੌਤ ਵਿਚ ਪੈ ਕੇ (ਚਿੰਤਾ-ਫ਼ਿਕਰਾਂ ਦੀਆਂ) ਸੱਟਾਂ ਖਾਂਦਾ ਰਹਿੰਦਾ ਹੈ ॥੩॥
42559	994	ਨਾਨਕ ਸਭੁ ਕਿਛੁ ਆਪੇ ਆਪਿ ਹੈ ਦੂਜਾ ਨਾਹੀ ਕੋਇ॥		Naanak Sabh Kishh Aapae Aap Hai Dhoojaa Naahee Koe ||	O Nanak, God Himself Himself is all-in-all. There is no other at all.	(ਪਰ) ਹੇ ਨਾਨਕ! (ਜੀਆਂ ਦੇ ਕੀਹ ਵੱਸ? ਇਹ ਜੋ ਕੁਝ ਸਾਰਾ ਸੰਸਾਰ ਦਿੱਸ ਰਿਹਾ ਹੈ ਇਹ) ਸਭ ਕੁਝ ਪਰਮਾਤਮਾ ਆਪ ਹੀ ਆਪ ਹੈ, ਉਸ ਤੋਂ ਬਿਨਾ (ਕਿਸੇ ਤੇ ਭੀ) ਕੋਈ ਹੋਰ ਨਹੀਂ ਹੈ।

42560	994	ਭਗਤਿ ਖਜਾਨਾ ਬਖਸਿਓਨੁ ਗੁਰਮੁਖਾ ਸੁਖੁ ਹੋਇ॥੪॥੩॥		Bhagath Khajaanaa Bakhasioun Guramukhaa Sukh Hoe ||4||3||	He bestows the treasure of devotional worship, and the Gurmukhs abide in peace. ||4||3||	ਗੁਰੂ ਦੇ ਸਨਮੁਖ ਰਹਿਣ ਵਾਲਿਆਂ ਨੂੰ (ਆਪਣੀ) ਭਗਤੀ ਦਾ ਖ਼ਜ਼ਾਨਾ ਉਸ ਨੇ ਆਪ ਹੀ ਬਖ਼ਸ਼ਿਆ ਹੈ (ਜਿਸ ਕਰਕੇ ਉਹਨਾਂ ਨੂੰ) ਆਤਮਕ ਆਨੰਦ ਬਣਿਆ ਰਹਿੰਦਾ ਹੈ ॥੪॥੩॥
42561	994	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
42562	994	ਸਚਿ ਰਤੇ ਸੇ ਟੋਲਿ ਲਹੁ ਸੇ ਵਿਰਲੇ ਸੰਸਾਰਿ॥	ਰੱਤੇ	Sach Rathae Sae Ttol Lahu Sae Viralae Sansaar ||	Seek and find those who are imbued with Truth; they are so rare in this world.	ਜਿਹੜੇ ਮਨੁੱਖ ਸਦਾ-ਥਿਰ ਪਰਮਾਤਮਾ (ਦੇ ਨਾਮ) ਵਿਚ (ਸਦਾ) ਰੰਗੇ ਰਹਿੰਦੇ ਹਨ ਉਹਨਾਂ ਦੀ ਭਾਲ ਕਰ (ਉਂਞ) ਉਹ ਜਗਤ ਵਿਚ ਕੋਈ ਵਿਰਲੇ ਵਿਰਲੇ ਹੀ ਹੁੰਦੇ ਹਨ।
42563	994	ਤਿਨ ਮਿਲਿਆ ਮੁਖੁ ਉਜਲਾ ਜਪਿ ਨਾਮੁ ਮੁਰਾਰਿ॥੧॥		Thin Miliaa Mukh Oujalaa Jap Naam Muraar ||1||	Meeting with them, one's face becomes radiant and bright, chanting the Name of the Lord. ||1||	ਉਹਨਾਂ ਨੂੰ ਮਿਲਿਆਂ ਪਰਮਾਤਮਾ ਦਾ ਨਾਮ ਜਪ ਕੇ (ਲੋਕ ਪਰਲੋਕ ਵਿਚ) ਸੁਰਖ਼ਰੂ ਹੋ ਜਾਈਦਾ ਹੈ (ਇੱਜ਼ਤ ਮਿਲਦੀ ਹੈ) ॥੧॥
42564	994	ਬਾਬਾ ਸਾਚਾ ਸਾਹਿਬੁ ਰਿਦੈ ਸਮਾਲਿ॥		Baabaa Saachaa Saahib Ridhai Samaal ||	O Baba, contemplate and cherish the True Lord and Master within your heart.	ਹੇ ਭਾਈ! ਸਦਾ ਕਾਇਮ ਰਹਿਣ ਵਾਲੇ ਮਾਲਕ-ਪ੍ਰਭੂ ਨੂੰ (ਆਪਣੇ) ਹਿਰਦੇ ਵਿਚ (ਸਦਾ) ਯਾਦ ਕਰਦਾ ਰਹੁ।

42565	994	ਸਤਿਗੁਰੁ ਅਪਨਾ ਪੁਛਿ ਦੇਖੁ ਲੇਹੁ ਵਖਰੁ ਭਾਲਿ॥੧॥ਰਹਾਉ॥	ਵੱਖਰੁ	Sathigur Apanaa Pushh Dhaekh Laehu Vakhar Bhaal ||1|| Rehaao ||	Seek out and see, and ask your True Guru, and obtain the true commodity. ||1||Pause||	(ਇਹੀ ਹੈ ਜੀਵਨ ਦਾ ਅਸਲ ਮਨੋਰਥ; ਬੇਸ਼ੱਕ) ਆਪਣੇ ਗੁਰੂ ਨੂੰ ਪੁੱਛ ਕੇ ਵੇਖ ਲੈ। ਗੁਰੂ ਪਾਸੋਂ ਇਹ ਨਾਮ ਦਾ ਸੌਦਾ ਲੱਭ ਲੈ ॥੧॥ ਰਹਾਉ ॥
42566	994	ਇਕੁ ਸਚਾ ਸਭ ਸੇਵਦੀ ਧੁਰਿ ਭਾਗਿ ਮਿਲਾਵਾ ਹੋਇ॥		Eik Sachaa Sabh Saevadhee Dhhur Bhaag Milaavaa Hoe ||	All serve the One True Lord; through pre-ordained destiny, they meet Him.	ਸਿਰਫ਼ ਇਕ ਪਰਮਾਤਮਾ ਹੀ ਸਦਾ ਕਾਇਮ ਰਹਿਣ ਵਾਲਾ ਹੈ, ਸਾਰੀ ਲੋਕਾਈ ਉਸ ਦੀ ਹੀ ਸੇਵਾ-ਭਗਤੀ ਕਰਦੀ ਹੈ, ਧੁਰੋਂ ਲਿਖੀ ਕਿਸਮਤ ਨਾਲ ਹੀ (ਉਸ ਪਰਮਾਤਮਾ ਨਾਲ) ਮਿਲਾਪ ਹੁੰਦਾ ਹੈ।
42567	994	ਗੁਰਮੁਖਿ ਮਿਲੇ ਸੇ ਨ ਵਿਛੁੜਹਿ ਪਾਵਹਿ ਸਚੁ ਸੋਇ॥੨॥		Guramukh Milae Sae N Vishhurrehi Paavehi Sach Soe ||2||	The Gurmukhs merge with Him, and will not be separated from Him again; they attain the True Lord. ||2||	ਜਿਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ (ਉਸ ਦੇ ਚਰਨਾਂ ਵਿਚ) ਜੁੜਦੇ ਹਨ, ਉਹ (ਮੁੜ) ਨਹੀਂ ਵਿੱਛੁੜਦੇ, ਉਹ ਉਸ ਸਦਾ-ਥਿਰ ਪ੍ਰਭੂ (ਦਾ ਮਿਲਾਪ) ਪ੍ਰਾਪਤ ਕਰ ਲੈਂਦੇ ਹਨ ॥੨॥
42568	994	ਇਕਿ ਭਗਤੀ ਸਾਰ ਨ ਜਾਣਨੀ ਮਨਮੁਖ ਭਰਮਿ ਭੁਲਾਇ॥		Eik Bhagathee Saar N Jaananee Manamukh Bharam Bhulaae ||	Some do not appreciate the value of devotional worship; the self-willed manmukhs are deluded by doubt.	ਕਈ ਐਸੇ ਬੰਦੇ ਹਨ ਜੋ ਆਪਣੇ ਮਨ ਦੇ ਪਿੱਛੇ ਤੁਰਦੇ ਹਨ, ਮਾਇਆ ਦੀ ਭਟਕਣਾ ਦੇ ਕਾਰਨ ਕੁਰਾਹੇ ਪਏ ਰਹਿੰਦੇ ਹਨ, ਉਹ ਬੰਦੇ ਪ੍ਰਭੂ ਦੀ ਭਗਤੀ ਦੀ ਕਦਰ ਨਹੀਂ ਸਮਝਦੇ।

42569	994	ਓਨਾ ਵਿਚਿ ਆਪਿ ਵਰਤਦਾ ਕਰਣਾ ਕਿਛੂ ਨ ਜਾਇ॥੩॥		Ounaa Vich Aap Varathadhaa Karanaa Kishhoo N Jaae ||3||	They are fillled with self-conceit; they cannot accomplish anything. ||3||	(ਪਰ, ਹੇ ਭਾਈ!) ਉਹਨਾਂ (ਮਨਮੁਖਾਂ) ਦੇ ਅੰਦਰ (ਭੀ) ਪਰਮਾਤਮਾ ਆਪ ਹੀ ਵੱਸਦਾ ਹੈ (ਤੇ ਉਹਨਾਂ ਨੂੰ ਕੁਰਾਹੇ ਪਾਈ ਰੱਖਦਾ ਹੈ, ਸੋ ਉਸ ਦੇ ਉਲਟ) ਕੁਝ ਭੀ ਕੀਤਾ ਨਹੀਂ ਜਾ ਸਕਦਾ ॥੩॥
42570	994	ਜਿਸੁ ਨਾਲਿ ਜੋਰੁ ਨ ਚਲਈ ਖਲੇ ਕੀਚੈ ਅਰਦਾਸਿ॥	ਚੱਲਈ	Jis Naal Jor N Chalee Khalae Keechai Aradhaas ||	Stand and offer your prayer, to the One who cannot be moved by force.	(ਤਾਂ ਫਿਰ ਉਹਨਾਂ ਮਨਮੁਖਾਂ ਵਾਸਤੇ ਕੀਹ ਕੀਤਾ ਜਾਏ? ਇਹੀ ਕਿ) ਜਿਸ ਪਰਮਾਤਮਾ ਦੇ ਅੱਗੇ (ਜੀਵ ਦੀ ਕੋਈ) ਪੇਸ਼ ਨਹੀਂ ਜਾ ਸਕਦੀ, ਉਸ ਦੇ ਦਰ ਤੇ ਅਦਬ ਨਾਲ ਅਰਦਾਸ ਕਰਦੇ ਰਹਿਣਾ ਚਾਹੀਦਾ ਹੈ।
42571	994	ਨਾਨਕ ਗੁਰਮੁਖਿ ਨਾਮੁ ਮਨਿ ਵਸੈ ਤਾ ਸੁਣਿ ਕਰੇ ਸਾਬਾਸਿ॥੪॥੪॥		Naanak Guramukh Naam Man Vasai Thaa Sun Karae Saabaas ||4||4||	O Nanak, the Naam, the Name of the Lord, abides within the mind of the Gurmukh; hearing his prayer, the Lord applauds him. ||4||4||	ਹੇ ਨਾਨਕ! ਜਦੋਂ ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਮਨ ਵਿਚ ਵੱਸਦਾ ਹੈ ਤਦੋਂ ਉਹ ਪ੍ਰਭੂ (ਅਰਜ਼ੋਈ) ਸੁਣ ਕੇ ਆਦਰ ਦੇਂਦਾ ਹੈ ॥੪॥੪॥
42572	994	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	

42573	994	ਮਾਰੂ ਤੇ ਸੀਤਲੁ ਕਰੇ ਮਨੂਰਹੁ ਕੰਚਨੁ ਹੋਇ॥		Maaroo Thae Seethal Karae Manoorahu Kanchan Hoe ||	He transforms the burning desert into a cool oasis; he transmutes rusted iron into gold.	ਹੇ ਮਨ! (ਪਰਮਾਤਮਾ ਦਾ ਸਿਮਰਨ) ਤਪਦੇ ਰੇਤ-ਥਲੇ (ਵਰਗੇ ਸੜਦੇ ਦਿਲ) ਨੂੰ ਸ਼ਾਂਤ ਕਰ ਦੇਂਦਾ ਹੈ, (ਸਿਮਰਨ ਦੀ ਬਰਕਤਿ ਨਾਲ) ਮਨੂਰ (ਵਰਗੇ ਮਨ) ਤੋਂ ਸੋਨਾ (ਸੁੱਧ) ਬਣ ਜਾਂਦਾ ਹੈ।
42574	994	ਸੋ ਸਾਚਾ ਸਾਲਾਹੀਐ ਤਿਸੁ ਜੇਵਡੁ ਅਵਰੁ ਨ ਕੋਇ॥੧॥		So Saachaa Saalaaheeai This Jaevadd Avar N Koe ||1||	So praise the True Lord; there is none other as great as He is. ||1||	ਹੇ ਮਨ! ਉਸ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ, ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ ॥੧॥
42575	994	ਮੇਰੇ ਮਨ ਅਨ ਦਿਨੁ ਧਿਆਇ ਹਰਿ ਨਾਉ॥		Maerae Man Anadhin Dhhiaae Har Naao ||	O my mind, night and day, meditate on the Lord's Name.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਹਰ ਵੇਲੇ ਸਿਮਰਦਾ ਰਹੁ।
42576	994	ਸਤਿਗੁਰ ਕੈ ਬਚਨਿ ਅਰਾਧਿ ਤੂ ਅਨ ਦਿਨੁ ਗੁਣ ਗਾਉ॥੧॥ਰਹਾਉ॥		Sathigur Kai Bachan Araadhh Thoo Anadhin Gun Gaao ||1|| Rehaao ||	Contemplate the Word of the Guru's Teachings, and sing the Glorious Praises of the Lord, night and day. ||1||Pause||	ਗੁਰੂ ਦੇ ਬਚਨ ਉਤੇ ਤੁਰ ਕੇ ਤੂੰ ਪ੍ਰਭੂ ਦਾ ਆਰਾਧਨ ਕਰਦਾ ਰਹੁ, ਹਰ ਵੇਲੇ ਪਰਮਾਤਮਾ ਦੇ ਗੁਣ ਗਾਇਆ ਕਰ ॥੧॥ ਰਹਾਉ ॥
42577	994	ਗੁਰਮੁਖਿ ਏਕੋ ਜਾਣੀਐ ਜਾ ਸਤਿਗੁਰੁ ਦੇਇ ਬੁਝਾਇ॥	ਬੁੱਝਾਇ	Guramukh Eaeko Jaaneeai Jaa Sathigur Dhaee Bujhaae ||	As Gurmukh, one comes to know the One Lord, when the True Guru instructs him.	ਹੇ ਮਨ! ਜਦੋਂ ਗੁਰੂ (ਆਤਮਕ ਜੀਵਨ ਦੀ) ਸੂਝ ਬਖ਼ਸ਼ਦਾ ਹੈ (ਤਦੋਂ) ਗੁਰੂ ਦੀ ਰਾਹੀਂ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਬਣ ਜਾਂਦੀ ਹੈ।

42578	994	ਸੋ ਸਤਿਗੁਰੁ ਸਾਲਾਹੀਐ ਜਿਦੂ ਏਹ ਸੋਝੀ ਪਾਇ॥੨॥		So Sathigur Saalaaheeai Jidhoo Eaeh Sojhee Paae ||2||	Praise the True Guru, who imparts this understanding. ||2||	ਹੇ ਮਨ! ਜਿਸ ਗੁਰੂ ਪਾਸੋਂ ਇਹ ਸਮਝ ਪ੍ਰਾਪਤ ਹੁੰਦੀ ਹੈ ਉਸ ਗੁਰੂ ਦੀ ਸਦਾ ਵਡਿਆਈ ਕਰਨੀ ਚਾਹੀਦੀ ਹੈ ॥੨॥
42579	994	ਸਤਿਗੁਰੁ ਛੋਡਿ ਦੂਜੈ ਲਗੇ ਕਿਆ ਕਰਨਿ ਅਗੈ ਜਾਇ॥		Sathigur Shhodd Dhoojai Lagae Kiaa Karan Agai Jaae ||	Those who forsake the True Guru, and attach themselves to duality - what will they do when they go to the world hereafter?	ਹੇ ਮਨ! ਜਿਹੜੇ ਬੰਦੇ ਗੁਰੂ ਨੂੰ ਛੱਡ ਕੇ (ਮਾਇਆ ਆਦਿਕ) ਹੋਰ ਹੋਰ (ਮੋਹ) ਵਿਚ ਲੱਗੇ ਰਹਿੰਦੇ ਹਨ ਉਹ ਪਰਲੋਕ ਵਿਚ ਜਾ ਕੇ ਕੀਹ ਕਰਨਗੇ?
42580	994	ਜਮਪੁਰਿ ਬਧੇ ਮਾਰੀਅਹਿ ਬਹੁਤੀ ਮਿਲੈ ਸਜਾਇ॥੩॥		Jam Pur Badhhae Maareeahi Bahuthee Milai Sajaae ||3||	Bound and gagged in the City of Death, they will be beaten. They will be punished severely. ||3||	(ਅਜਿਹੇ ਬੰਦੇ ਤਾਂ) ਜਮਰਾਜ ਦੀ ਕਚਹਿਰੀ ਵਿਚ ਬੱਝੇ ਮਾਰੀਦੇ ਹਨ, ਅਜਿਹਾਂ ਨੂੰ ਤਾਂ ਬੜੀ ਸਜ਼ਾ ਮਿਲਦੀ ਹੈ ॥੩॥
42581	995	ਮੇਰਾ ਪ੍ਰਭੁ ਵੇਪਰਵਾਹੁ ਹੈ ਨਾ ਤਿਸੁ ਤਿਲੁ ਨ ਤਮਾਇ॥	(ਤਿਸੁ) ਤ੍ਰਿਸਨਾ। (ਤਮਾਇ)ਤਮੋਂ ਗੁਣ ਖਾਹਸ਼	Maeraa Prabh Vaeparavaahu Hai Naa This Thil N Thamaae ||	My God is independent and self-sufficient; he does not have even an iota of greed.	ਹੇ ਨਾਨਕ! ਪਰਮਾਤਮਾ ਨੂੰ ਕਿਸੇ ਦੀ ਮੁਥਾਜੀ ਨਹੀਂ, ਪਰਮਾਤਮਾ ਨੂੰ ਕੋਈ ਰਤਾ ਜਿਤਨਾ ਭੀ ਲਾਲਚ ਨਹੀਂ (ਜੀਵ ਨੇ ਆਪਣੇ ਭਲੇ ਵਾਸਤੇ ਹੀ ਸਿਮਰਨ ਕਰਨਾ ਹੈ; ਸੋ)

42582	995	ਨਾਨਕ ਤਿਸੁ ਸਰਣਾਈ ਭਜਿ ਪਉ ਆਪੇ ਬਖਸਿ ਮਿਲਾਇ॥੪॥੫॥	ਭੱਜਿ	Naanak This Saranaaee Bhaj Po Aapae Bakhas Milaae ||4||5||	O Nanak, run to His Sanctuary; granting His forgiveness, He merges us into Himself. ||4||5||	ਉਸ ਪਰਮਾਤਮਾ ਦੀ ਸਰਨ ਹੀ ਛੇਤੀ ਜਾ ਪਉ, (ਸਰਨ ਪਏ ਨੂੰ) ਉਹ ਆਪ ਹੀ ਮਿਹਰ ਕਰ ਕੇ ਆਪਣੇ ਚਰਨਾਂ ਵਿਚ ਜੋੜਦਾ ਹੈ ॥੪॥੫॥
42583	995	ਮਾਰੂ ਮਹਲਾ ੪ ਘਰੁ ੨		Maaroo Mehalaa 4 Ghar 2	Maaroo, Fourth Mehl, Second House:	ਰਾਗ ਮਾਰੂ, ਘਰ ੨ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
42584	995	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
42585	995	ਜਪਿਓ ਨਾਮੁ ਸੁਕ ਜਨਕ ਗੁਰ ਬਚਨੀ ਹਰਿ ਹਰਿ ਸਰਣਿ ਪਰੇ॥		Japiou Naam Suk Janak Gur Bachanee Har Har Saran Parae ||	Suk-deva and Janak meditated on the Naam; following the Guru's Teachings they sought the Sanctuary of the Lord Har, Har.	ਹੇ ਮਨ! ਰਾਜਾ ਜਨਕ ਨੇ, ਸੁਕਦੇਵ ਰਿਸ਼ੀ ਨੇ ਗੁਰੂ ਦੇ ਬਚਨਾਂ ਦੀ ਰਾਹੀਂ ਪਰਮਾਤਮਾ ਦਾ ਨਾਮ ਜਪਿਆ, ਇਹ ਪਰਮਾਤਮਾ ਦੀ ਸਰਨ ਆ ਪਏ;
42586	995	ਦਾਲਦੁ ਭੰਜਿ ਸੁਦਾਮੇ ਮਿਲਿਓ ਭਗਤੀ ਭਾਇ ਤਰੇ॥		Dhaaladh Bhanj Sudhaamae Miliou Bhagathee Bhaae Tharae ||	God met Sudama and removed his poverty; through loving devotional worship, he crossed over.	ਸੁਦਾਮਾ ਭਗਤੀ ਦੀ ਗ਼ਰੀਬੀ ਦੂਰ ਕਰ ਕੇ ਪ੍ਰਭੂ ਸੁਦਾਮੇ ਨੂੰ ਆ ਮਿਲਿਆ। ਇਹ ਸਭ ਭਗਤੀ-ਭਾਵਨਾ ਨਾਲ ਸੰਸਾਰ-ਸਮੁੰਦਰ ਤੋਂ ਪਾਰ ਲੰਘੇ।

42587	995	ਭਗਤਿ ਵਛਲੁ ਹਰਿ ਨਾਮੁ ਕ੍ਰਿਤਾਰਥੁ ਗੁਰਮੁਖਿ ਕ੍ਰਿਪਾ ਕਰੇ॥੧॥		Bhagath Vashhal Har Naam Kirathaarathh Guramukh Kirapaa Karae ||1||	God is the Lover of His devotees; the Lord's Name is fufilling; God showers His Mercy on the Gurmukhs. ||1||	ਪਰਮਾਤਮਾ ਭਗਤੀ ਨਾਲ ਪਿਆਰ ਕਰਨ ਵਾਲਾ ਹੈ, ਪਰਮਾਤਮਾ ਦਾ ਨਾਮ (ਮਨੁੱਖ ਦੇ ਜੀਵਨ ਨੂੰ) ਕਾਮਯਾਬ ਬਣਾਣ ਵਾਲਾ ਹੈ। (ਇਹ ਨਾਮ ਮਿਲਦਾ ਉਹਨਾਂ ਨੂੰ ਹੈ ਜਿਨ੍ਹਾਂ ਉਤੇ) ਗੁਰੂ ਦੀ ਰਾਹੀਂ ਮਿਹਰ ਕਰਦਾ ਹੈ ॥੧॥
42588	995	ਮੇਰੇ ਮਨ ਨਾਮੁ ਜਪਤ ਉਧਰੇ॥		Maerae Man Naam Japath Oudhharae ||	O my mind, chanting the Naam, the Name of the Lord, you will be saved.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਜਪਦਿਆਂ (ਅਨੇਕਾਂ ਪ੍ਰਾਣੀ) ਵਿਕਾਰਾਂ ਤੋਂ ਬਚ ਜਾਂਦੇ ਹਨ।
42589	995	ਧ੍ਰੂ ਪ੍ਰਹਿਲਾਦੁ ਬਿਦਰੁ ਦਾਸੀ ਸੁਤੁ ਗੁਰਮੁਖਿ ਨਾਮਿ ਤਰੇ॥੧॥ਰਹਾਉ॥		Dhhroo Prehilaadh Bidhar Dhaasee Suth Guramukh Naam Tharae ||1|| Rehaao ||	Dhroo, Prahlaad and Bidar the slave-girl's son, became Gurmukh, and through the Naam, crossed over. ||1||Pause||	ਧ੍ਰੂ ਭਗਤ, ਪ੍ਰਹਿਲਾਦ ਭਗਤ, ਦੌਸੀ ਦਾ ਪੁੱਤਰ ਬਿਦਰ-(ਇਹ ਸਾਰੇ) ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਵਿਚ ਜੁੜ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ ॥੧॥ ਰਹਾਉ ॥
42590	995	ਕਲਜੁਗਿ ਨਾਮੁ ਪ੍ਰਧਾਨੁ ਪਦਾਰਥੁ ਭਗਤ ਜਨਾ ਉਧਰੇ॥		Kalajug Naam Pradhhaan Padhaarathh Bhagath Janaa Oudhharae ||	In this Dark Age of Kali Yuga, the Naam is the supreme wealth; it saves the humble devotees.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਹੀ ਜਗਤ ਵਿਚ ਸਭ ਤੋਂ ਸ੍ਰੇਸ਼ਟ ਪਦਾਰਥ ਹੈ। ਭਗਤ ਜਨ (ਇਸ ਨਾਮ ਦੀ ਬਰਕਤਿ ਨਾਲ ਹੀ) ਵਿਕਾਰਾਂ ਤੋਂ ਬਚਦੇ ਹਨ।

42591	995	ਨਾਮਾ ਜੈਦੇਉ ਕਬੀਰੁ ਤ੍ਰਿਲੋਚਨੁ ਸਭਿ ਦੋਖ ਗਏ ਚਮਰੇ॥	ਚਮਰੇ: ਪੋਲਾ ਬੋਲੋ	Naamaa Jaidhaeo Kabeer Thrilochan Sabh Dhokh Geae Chamarae ||	All the faults of Naam Dayv, Jai Dayv, Kabeer, Trilochan and Ravi Daas the leather-worker were covered.	ਨਾਮਦੇਵ ਬਚ ਗਿਆ, ਜੈਦੇਉ ਬਚ ਗਿਆ, ਕਬੀਰ ਬਚ ਗਿਆ, ਤ੍ਰਿਲੋਚਨ ਬਚ ਗਿਆ; ਨਾਮ ਦੀ ਬਰਕਤਿ ਨਾਲ (ਰਵਿਦਾਸ) ਚਮਾਰ ਦੇ ਸਾਰੇ ਪਾਪ ਦੂਰ ਹੋ ਗਏ।
42592	995	ਗੁਰਮੁਖਿ ਨਾਮਿ ਲਗੇ ਸੇ ਉਧਰੇ ਸਭਿ ਕਿਲਬਿਖ ਪਾਪ ਟਰੇ॥੨॥		Guramukh Naam Lagae Sae Oudhharae Sabh Kilabikh Paap Ttarae ||2||	Those who become Gurmukh, and remain attached to the Naam, are saved; all their sins are washed off. ||2||	ਹੇ ਮਨ! ਜਿਹੜੇ ਭੀ ਮਨੁੱਖ ਗੁਰੂ ਦੀ ਰਾਹੀਂ ਹਰਿ-ਨਾਮ ਵਿਚ ਲੱਗੇ ਉਹ ਸਭ ਵਿਕਾਰਾਂ ਤੋਂ ਬਚ ਗਏ, (ਉਹਨਾਂ ਦੇ) ਸਾਰੇ ਪਾਪ ਟਲ ਗਏ ॥੨॥
42593	995	ਜੋ ਜੋ ਨਾਮੁ ਜਪੈ ਅਪਰਾਧੀ ਸਭਿ ਤਿਨ ਕੇ ਦੋਖ ਪਰਹਰੇ॥		Jo Jo Naam Japai Aparaadhhee Sabh Thin Kae Dhokh Pareharae ||	Whoever chants the Naam, all his sins and mistakes are taken away.	ਹੇ ਮਨ! ਜਿਹੜਾ ਜਿਹੜਾ ਵਿਕਾਰੀ ਬੰਦਾ (ਭੀ) ਪਰਮਾਤਮਾ ਦਾ ਨਾਮ ਜਪਦਾ ਹੈ, ਪਰਮਾਤਮਾ ਉਹਨਾਂ ਦੇ ਸਾਰੇ ਵਿਕਾਰ ਦੂਰ ਕਰ ਦੇਂਦਾ ਹੈ।
42594	995	ਬੇਸੁਆ ਰਵਤ ਅਜਾਮਲੁ ਉਧਰਿਓ ਮੁਖਿ ਬੋਲੈ ਨਾਰਾਇਣੁ ਨਰਹਰੇ॥	ਅਜਾ-ਮੱਲੁ	Baesuaa Ravath Ajaamal Oudhhariou Mukh Bolai Naaraaein Nareharae ||	Ajaamal, who had sex with prostitites, was saved, by chanting the Name of the Lord.	(ਵੇਖ) ਵੇਸੁਆ ਦਾ ਸੰਗ ਕਰਨ ਵਾਲਾ ਅਜਾਮਲ ਜਦੋਂ ਮੂੰਹੋਂ 'ਨਾਰਾਇਣ ਨਰਹਰੀ' ਉਚਾਰਨ ਲੱਗ ਪਿਆ, ਤਾਂ ਉਹ ਵਿਕਾਰਾਂ ਤੋਂ ਬਚ ਗਿਆ।

42595	995	ਨਾਮੁ ਜਪਤ ਉਗ੍ਰਸੈਣਿ ਗਤਿ ਪਾਈ ਤੋੜਿ ਬੰਧਨ ਮੁਕਤਿ ਕਰੇ॥੩॥		Naam Japath Ougrasain Gath Paaee Thorr Bandhhan Mukath Karae ||3||	Chanting the Naam, Ugar Sain obtained salvation; his bonds were broken, and he was liberated. ||3||	ਪਰਮਾਤਮਾ ਦਾ ਨਾਮ ਜਪਦਿਆਂ ਉਗ੍ਰਸੈਣ ਨੇ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲਈ, ਪਰਮਾਤਮਾ ਨੇ ਉਸ ਦੇ ਬੰਧਨ ਤੋੜ ਕੇ ਉਸ ਨੂੰ ਵਿਕਾਰਾਂ ਤੋਂ ਖ਼ਲਾਸੀ ਬਖ਼ਸ਼ੀ ॥੩॥
42596	995	ਜਨ ਕਉ ਆਪਿ ਅਨੁਗ੍ਰਹੁ ਕੀਆ ਹਰਿ ਅੰਗੀਕਾਰੁ ਕਰੇ॥		Jan Ko Aap Anugrahu Keeaa Har Angeekaar Karae ||	God Himself takes pity on His humble servants, and makes them His own.	ਹੇ ਮਨ! ਪਰਮਾਤਮਾ ਆਪਣੇ ਭਗਤ ਉਤੇ (ਸਦਾ) ਆਪ ਮਿਹਰ ਕਰਦਾ ਆ ਰਿਹਾ ਹੈ, ਆਪਣੇ ਭਗਤ ਦਾ (ਸਦਾ) ਪੱਖ ਕਰਦਾ ਹੈ।
42597	995	ਸੇਵਕ ਪੈਜ ਰਖੈ ਮੇਰਾ ਗੋਵਿਦੁ ਸਰਣਿ ਪਰੇ ਉਧਰੇ॥		Saevak Paij Rakhai Maeraa Govidh Saran Parae Oudhharae ||	My Lord of the Universe saves the honor of His servants; those who seek His Sanctuary are saved.	ਪਰਮਾਤਮਾ ਆਪਣੇ ਸੇਵਕ ਦੀ ਲਾਜ ਰੱਖਦਾ ਹੈ, ਜਿਹੜੇ ਭੀ ਉਸ ਦੀ ਸਰਨ ਪੈਂਦੇ ਹਨ ਉਹ ਵਿਕਾਰਾਂ ਤੋਂ ਬਚ ਜਾਂਦੇ ਹਨ।
42598	995	ਜਨ ਨਾਨਕ ਹਰਿ ਕਿਰਪਾ ਧਾਰੀ ਉਰ ਧਰਿਓ ਨਾਮੁ ਹਰੇ॥੪॥੧॥		Jan Naanak Har Kirapaa Dhhaaree Our Dhhariou Naam Harae ||4||1||	The Lord has showered servant Nanak with His Mercy; he has enshrined the Lord's Name within his heart. ||4||1||	ਹੇ ਦਾਸ ਨਾਨਕ! ਜਿਸ ਮਨੁੱਖ ਉਤੇ ਪ੍ਰਭੂ ਨੇ ਮਿਹਰ (ਦੀ ਨਿਗਾਹ) ਕੀਤੀ, ਉਸ ਨੇ ਉਸ ਦਾ ਨਾਮ ਆਪਣੇ ਹਿਰਦੇ ਵਿਚ ਵਸਾ ਲਿਆ ॥੪॥੧॥
42599	995	ਮਾਰੂ ਮਹਲਾ ੪॥		Maaroo Mehalaa 4 ||	Maaroo, Fourth Mehl:	

42600	995	ਸਿਧ ਸਮਾਧਿ ਜਪਿਓ ਲਿਵ ਲਾਈ ਸਾਧਿਕ ਮੁਨਿ ਜਪਿਆ॥		Sidhh Samaadhh Japiou Liv Laaee Saadhhik Mun Japiaa ||	The Siddhas in Samaadhi meditate on Him; they are lovingly focused on Him. The seekers and the silent sages meditate on Him as well.	ਹੇ ਮਨ! ਸਿੱਧ ਸਮਾਧੀ ਲਾ ਕੇ ਸੁਰਤ ਜੋੜ ਕੇ ਜਪਦੇ ਰਹੇ, ਸਾਧਿਕ ਤੇ ਮੁਨੀ ਜਪਦੇ ਰਹੇ।
42601	995	ਜਤੀ ਸਤੀ ਸੰਤੋਖੀ ਧਿਆਇਆ ਮੁਖਿ ਇੰਦ੍ਰਾਦਿਕ ਰਵਿਆ॥		Jathee Sathee Santhokhee Dhhiaaeiaa Mukh Eindhraadhik Raviaa ||	The celibates, the true and contented beings meditate on Him; Indra and the other gods chant His Name with their mouths.	ਜਤੀਆਂ ਨੇ ਪ੍ਰਭੂ ਦਾ ਧਿਆਨ ਧਰਿਆ, ਸਤੀਆਂ ਨੇ ਸੰਤੋਖੀਆਂ ਨੇ ਧਿਆਨ ਧਰਿਆ, ਇੰਦ੍ਰ ਆਦਿਕ ਦੇਵਤਿਆਂ ਨੇ ਮੂੰਹੋਂ ਪ੍ਰਭੂ ਦਾ ਨਾਮ ਜਪਿਆ।
42602	995	ਸਰਣਿ ਪਰੇ ਜਪਿਓ ਤੇ ਭਾਏ ਗੁਰਮੁਖਿ ਪਾਰਿ ਪਇਆ॥੧॥		Saran Parae Japiou Thae Bhaaeae Guramukh Paar Paeiaa ||1||	Those who seek His Sanctuary meditate on Him; they become Gurmukh and swim across. ||1||	ਹੇ ਮਨ! ਜਿਹੜੇ ਗੁਰੂ ਦੀ ਸਰਨ ਪੈ ਕੇ ਪ੍ਰਭੂ ਦੀ ਸਰਨ ਪਏ, ਜਿਨ੍ਹਾਂ ਨੇ ਗੁਰੂ ਦੇ ਦੱਸੇ ਰਸਤੇ ਉਤੇ ਤੁਰ ਕੇ ਨਾਮ ਜਪਿਆ, ਉਹ ਪਰਮਾਤਮਾ ਨੂੰ ਪਿਆਰੇ ਲੱਗੇ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ ॥੧॥
42603	995	ਮੇਰੇ ਮਨ ਨਾਮੁ ਜਪਤ ਤਰਿਆ॥		Maerae Man Naam Japath Thariaa ||	O my mind, chant the Naam, the Name of the Lord, and cross over.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਜਪਦਿਆਂ (ਅਨੇਕਾਂ ਪ੍ਰਾਣੀ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਗਏ।

42604	995	ਧੰਨਾ ਜਟੁ ਬਾਲਮੀਕੁ ਬਟਵਾਰਾ ਗੁਰਮੁਖਿ ਪਾਰਿ ਪਇਆ॥੧॥ਰਹਾਉ ॥		Dhhannaa Jatt Baalameek Battavaaraa Guramukh Paar Paeiaa ||1|| Rehaao ||	Dhanna the farmer, and Balmik the highway robber, became Gurmukh, and crossed over. ||1||Pause||	ਧੰਨਾ ਜੱਟ ਪਾਰ ਲੰਘ ਗਿਆ, ਬਾਲਮੀਕ ਡਾਕੂ ਗੁਰੂ ਦੀ ਸਰਨ ਪੈ ਕੇ ਪਾਰ ਲੰਘ ਗਿਆ ॥੧॥ ਰਹਾਉ ॥
42605	995	ਸੁਰਿ ਨਰ ਗਣ ਗੰਧਰਬੇ ਜਪਿਓ ਰਿਖਿ ਬਪੁਰੈ ਹਰਿ ਗਾਇਆ॥	ਗੰ-ਧਰਬੇ	Sur Nar Gan Gandhharabae Japiou Rikh Bapurai Har Gaaeiaa ||	Angels, men, heavenly heralds and celestial singers meditate on Him; even the humble Rishis sing of the Lord.	ਹੇ ਮਨ! ਦੇਵਤਿਆਂ ਨੇ, ਮਨੁੱਖਾਂ ਨੇ, (ਸ਼ਿਵ ਜੀ ਦੇ ਉਪਾਸਕ-) ਗਣਾਂ ਨੇ, ਦੇਵਤਿਆਂ ਦੇ ਰਾਗੀਆਂ ਨੇ ਨਾਮ ਜਪਿਆ; ਵਿਚਾਰੇ ਧਰਮਰਾਜ ਨੇ ਹਰੀ ਦੇ ਗੁਣ ਗਾਏ।
42606	995	ਸੰਕਰਿ ਬ੍ਰਹਮੈ ਦੇਵੀ ਜਪਿਓ ਮੁਖਿ ਹਰਿ ਹਰਿ ਨਾਮੁ ਜਪਿਆ॥	(ਦੇਵੀਂ) ਦੇਵਤਿਆਂ	Sankar Brehamai Dhaevee Japiou Mukh Har Har Naam Japiaa ||	Shiva, Brahma and the goddess Lakhshmi, meditate, and chant with their mouths the Name of the Lord, Har, Har.	ਸ਼ਿਵ ਨੇ, ਬ੍ਰਹਮਾ ਨੇ, ਦੇਵਤਿਆਂ ਨੇ ਮੂੰਹੋਂ ਹਰੀ ਦਾ ਨਾਮ ਜਪਿਆ।
42607	995	ਹਰਿ ਹਰਿ ਨਾਮਿ ਜਿਨਾ ਮਨੁ ਭੀਨਾ ਤੇ ਗੁਰਮੁਖਿ ਪਾਰਿ ਪਇਆ॥੨॥		Har Har Naam Jinaa Man Bheenaa Thae Guramukh Paar Paeiaa ||2||	Those whose minds are drenched with the Name of the Lord, Har, Har, as Gurmukh, cross over. ||2||	ਹੇ ਮਨ! ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਦਾ ਮਨ ਪਰਮਾਤਮਾ ਦੇ ਨਾਮ-ਰਸ ਵਿਚ ਭਿੱਜ ਗਿਆ ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ ॥੨॥

42608	995	ਕੋਟਿ ਕੋਟਿ ਤੇਤੀਸ ਧਿਆਇਓ ਹਰਿ ਜਪਤਿਆ ਅੰਤੁ ਨ ਪਾਇਆ॥		Kott Kott Thaethees Dhhiaaeiou Har Japathiaa Anth N Paaeiaa ||	Millions and millions, three hundred thirty million gods meditate on Him; there is no end to those who meditate on the Lord.	ਹੇ ਮੇਰੇ ਮਨ! ਤੇਤੀ ਕ੍ਰੋੜ ਦੇਵਤਿਆਂ ਨੇ ਪਰਮਾਤਮਾ ਦਾ ਨਾਮ ਜਪਿਆ, ਹਰਿ-ਨਾਮ ਜਪਣ ਵਾਲਿਆਂ (ਦੀ ਗਿਣਤੀ) ਦਾ ਅੰਤ ਨਹੀਂ ਪਾਇਆ ਜਾ ਸਕਦਾ।
42609	995	ਬੇਦ ਪੁਰਾਣ ਸਿਮ੍ਰਿਤਿ ਹਰਿ ਜਪਿਆ ਮੁਖਿ ਪੰਡਿਤ ਹਰਿ ਗਾਇਆ॥	ਸਿਮ੍ਰਿਤਿ	Baedh Puraan Simrith Har Japiaa Mukh Panddith Har Gaaeiaa ||	The Vedas, the Puraanas and the Simritees meditate on the Lord; the Pandits, the religious scholars, sing the Lord's Praises as well.	ਵੇਦ ਪੁਰਾਣ ਸਿਮ੍ਰਿਤੀਆਂ ਆਦਿਕ ਧਰਮ-ਪੁਸਤਕਾਂ ਦੇ ਲਿਖਣ ਵਾਲਿਆਂ ਨੇ ਹਰਿ-ਨਾਮ ਜਪਿਆ, ਪੰਡਿਤਾਂ ਨੇ ਮੂੰਹੋਂ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਗੀਤ ਗਾਇਆ।
42610	995	ਨਾਮੁ ਰਸਾਲੁ ਜਿਨਾ ਮਨਿ ਵਸਿਆ ਤੇ ਗੁਰਮੁਖਿ ਪਾਰਿ ਪਇਆ॥੩॥		Naam Rasaal Jinaa Man Vasiaa Thae Guramukh Paar Paeiaa ||3||	Those whose minds are filled with the Naam, the source of nectar - as Gurmukh, they cross over. ||3||	ਹੇ ਮਨ! ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਦੇ ਮਨ ਵਿਚ ਸਾਰੇ ਰਸਾਂ ਦਾ ਸੋਮਾ ਹਰਿ-ਨਾਮ ਟਿਕ ਗਿਆ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ ॥੩॥
42611	995	ਅਨਤ ਤਰੰਗੀ ਨਾਮੁ ਜਿਨ ਜਪਿਆ ਮੈ ਗਣਤ ਨ ਕਰਿ ਸਕਿਆ॥		Anath Tharangee Naam Jin Japiaa Mai Ganath N Kar Sakiaa ||	Those who chant the Naam in endless waves - I cannot even count their number.	ਹੇ ਮੇਰੇ ਮਨ! ਬੇਅੰਤ ਰਚਨਾ ਦੇ ਮਾਲਕ ਪਰਮਾਤਮਾ ਦਾ ਨਾਮ ਜਿਨ੍ਹਾਂ ਪ੍ਰਾਣੀਆਂ ਨੇ ਜਪਿਆ ਹੈ, ਮੈਂ ਉਹਨਾਂ ਦੀ ਗਿਣਤੀ ਨਹੀਂ ਕਰ ਸਕਦਾ।

42612	995	ਗੋਬਿਦੁ ਕ੍ਰਿਪਾ ਕਰੇ ਥਾਇ ਪਾਏ ਜੋ ਹਰਿ ਪ੍ਰਭ ਮਨਿ ਭਾਇਆ॥		Gobidh Kirapaa Karae Thhaae Paaeae Jo Har Prabh Man Bhaaeiaa ||	The Lord of the Universe bestows His Mercy, and those who are pleasing to the Mind of the Lord God, find their place.	ਜਿਹੜੇ ਪ੍ਰਾਣੀ ਪਰਮਾਤਮਾ ਦੇ ਮਨ ਵਿਚ ਭਾ ਜਾਂਦੇ ਹਨ, ਪਰਮਾਤਮਾ ਕਿਰਪਾ ਕਰ ਕੇ (ਉਹਨਾਂ ਦੀ ਸੇਵਾ-ਭਗਤੀ) ਪਰਵਾਨ ਕਰਦਾ ਹੈ।
42613	995	ਗੁਰਿ ਧਾਰਿ ਕ੍ਰਿਪਾ ਹਰਿ ਨਾਮੁ ਦ੍ਰਿੜਾਇਓ ਜਨ ਨਾਨਕ ਨਾਮੁ ਲਇਆ॥੪॥੨॥		Gur Dhhaar Kirapaa Har Naam Dhrirraaeiou Jan Naanak Naam Laeiaa ||4||2||	The Guru, granting His Grace, implants the Lord's Name within; servant Nanak chants the Naam, the Name of the Lord. ||4||2||	ਹੇ ਨਾਨਕ! ਗੁਰੂ ਨੇ ਕਿਰਪਾ ਕਰ ਕੇ ਜਿਨ੍ਹਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਪੱਕਾ ਕਰ ਦਿੱਤਾ, (ਉਹਨਾਂ ਨੇ ਹੀ) ਨਾਮ ਸਿਮਰਿਆ ਹੈ ॥੪॥੨॥
42614	996	ਮਾਰੂ ਮਹਲਾ ੪ ਘਰੁ ੩		Maaroo Mehalaa 4 Ghar 3	Maaroo, Fourth Mehl, Third House:	ਰਾਗ ਮਾਰੂ, ਘਰ ੩ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
42615	996	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
42616	996	ਹਰਿ ਹਰਿ ਨਾਮੁ ਨਿਧਾਨੁ ਲੈ ਗੁਰਮਤਿ ਹਰਿ ਪਤਿ ਪਾਇ॥		Har Har Naam Nidhhaan Lai Guramath Har Path Paae ||	Take the treasure of the Name of the Lord Har Har. Follow the Guru's Teachings, and the Lord shall bless you with honor.	ਪਰਮਾਤਮਾ ਦਾ ਨਾਮ (ਹੀ ਅਸਲ) ਖ਼ਜ਼ਾਨਾ ਹੈ; ਗੁਰੂ ਦੀ ਸਿੱਖਿਆ ਤੇ ਤੁਰ ਕੇ (ਇਹ ਖ਼ਜ਼ਾਨਾ) ਹਾਸਲ ਕਰ, (ਜਿਸ ਦੇ ਪਾਸ ਇਹ ਖ਼ਜ਼ਾਨਾ ਹੁੰਦਾ ਹੈ, ਉਹ) ਪ੍ਰਭੂ ਦੀ ਹਜ਼ੂਰੀ ਵਿਚ ਇੱਜ਼ਤ ਪਾਂਦਾ ਹੈ।

42617	996	ਹਲਤਿ ਪਲਤਿ ਨਾਲਿ ਚਲਦਾ ਹਰਿ ਅੰਤੇ ਲਏ ਛਡਾਇ॥		Halath Palath Naal Chaladhaa Har Anthae Leae Shhaddaae ||	Here and hereafter, the Lord goes with you; in the end, He shall deliver you.	(ਇਹ ਖ਼ਜ਼ਾਨਾ) ਇਸ ਲੋਕ ਵਿਚ ਤੇ ਪਰਲੋਕ ਵਿਚ ਸਾਥ ਨਿਬਾਹੁੰਦਾ ਹੈ, ਤੇ ਅਖ਼ੀਰ ਵੇਲੇ ਭੀ ਪਰਮਾਤਮਾ (ਦੁੱਖਾਂ ਤੋਂ) ਬਚਾ ਲੈਂਦਾ ਹੈ।
42618	996	ਜਿਥੈ ਅਵਘਟ ਗਲੀਆ ਭੀੜੀਆ ਤਿਥੈ ਹਰਿ ਹਰਿ ਮੁਕਤਿ ਕਰਾਇ॥੧॥		Jithhai Avaghatt Galeeaa Bheerreeaa Thithhai Har Har Mukath Karaae ||1||	Where the path is difficult and the street is narrow, there the Lord shall liberate you. ||1||	ਜੀਵਨ ਦੇ ਜਿਸ ਇਸ ਰਸਤੇ ਵਿਚ ਪੱਤਣ ਤੋਂ ਲਾਂਭ ਦੇ ਬਿਖੜੇ ਰਸਤੇ ਹਨ, ਬੜੀਆਂ ਭੀੜੀਆਂ ਗਲੀਆਂ ਹਨ (ਜਿਨ੍ਹਾਂ ਵਿਚ ਆਤਮਕ ਜੀਵਨ ਦਾ ਸਾਹ ਘੁੱਟਿਆ ਜਾਂਦਾ ਹੈ) ਉਥੇ ਪਰਮਾਤਮਾ ਹੀ ਖ਼ਲਾਸੀ ਦਿਵਾਂਦਾ ਹੈ ॥੧॥
42619	996	ਮੇਰੇ ਸਤਿਗੁਰਾ ਮੈ ਹਰਿ ਹਰਿ ਨਾਮੁ ਦ੍ਰਿੜਾਇ॥		Maerae Sathiguraa Mai Har Har Naam Dhrirraae ||	O my True Guru, implant within me the Name of the Lord, Har, Har.	ਹੇ ਮੇਰੇ ਸਤਿਗੁਰੂ! ਪਰਮਾਤਮਾ ਦਾ ਨਾਮ ਮੇਰੇ ਹਿਰਦੇ ਵਿਚ ਪੱਕਾ ਕਰ ਦੇਹ।
42620	996	ਮੇਰਾ ਮਾਤ ਪਿਤਾ ਸੁਤ ਬੰਧਪੋ ਮੈ ਹਰਿ ਬਿਨੁ ਅਵਰੁ ਨ ਮਾਇ॥੧॥ਰਹਾਉ॥		Maeraa Maath Pithaa Suth Bandhhapo Mai Har Bin Avar N Maae ||1|| Rehaao ||	The Lord is my mother, father, child and relative; I have none other than the Lord, O my mother. ||1||Pause||	ਹੇ ਮੇਰੀ ਮਾਂ! ਹਰੀ ਹੀ ਮੇਰੀ ਮਾਂ ਹੈ, ਹਰੀ ਹੀ ਮੇਰਾ ਪਿਉ ਹੈ, ਹਰੀ ਹੀ ਮੇਰੇ ਪੁੱਤਰ ਹਨ, ਹਰੀ ਹੀ ਮੇਰਾ ਸਨਬੰਧੀ ਹੈ। ਹੇ ਮਾਂ! ਹਰੀ ਤੋਂ ਬਿਨਾ ਹੋਰ ਕੋਈ ਮੇਰਾ (ਪੱਕਾ ਸਾਕ) ਨਹੀਂ ॥੧॥ ਰਹਾਉ ॥

42621	996	ਮੈ ਹਰਿ ਬਿਰਹੀ ਹਰਿ ਨਾਮੁ ਹੈ ਕੋਈ ਆਣਿ ਮਿਲਾਵੈ ਮਾਇ॥		Mai Har Birehee Har Naam Hai Koee Aan Milaavai Maae ||	I feel the pains of love and yearning for the Lord, and the Name of the Lord. If only someone would come and unite me with Him, O my mother.	ਪਰਮਾਤਮਾ ਦਾ ਨਾਮ ਹੀ ਮੇਰਾ (ਅਸਲ) ਪਿਆਰਾ (ਮਿੱਤਰ) ਹੈ। ਹੇ ਮਾਂ! ਜੇ ਕੋਈ (ਉਸ ਮਿੱਤਰ ਨੂੰ) ਲਿਆ ਕੇ (ਮੇਰੇ ਨਾਲ) ਮਿਲਾਪ ਕਰਾ ਸਕਦਾ ਹੋਵੇ,
42622	996	ਤਿਸੁ ਆਗੈ ਮੈ ਜੋਦੜੀ ਮੇਰਾ ਪ੍ਰੀਤਮੁ ਦੇਇ ਮਿਲਾਇ॥		This Aagai Mai Jodharree Maeraa Preetham Dhaee Milaae ||	I bow in humble devotion to one who inspires me to meet with my Beloved.	ਮੈਂ ਉਸ ਅੱਗੇ ਨਿੱਤ ਅਰਜ਼ੋਈ ਕਰਦਾ ਰਹਾਂ, ਭਲਾ ਜਿ ਕਿਤੇ ਮੇਰਾ ਪ੍ਰੀਤਮ ਮੈਨੂੰ ਮਿਲਾ ਦੇਵੇ।
42623	996	ਸਤਿਗੁਰੁ ਪੁਰਖੁ ਦਇਆਲ ਪ੍ਰਭੁ ਹਰਿ ਮੇਲੇ ਢਿਲ ਨ ਪਾਇ॥੨॥		Sathigur Purakh Dhaeiaal Prabh Har Maelae Dtil N Paae ||2||	The almighty and merciful True Guru unites me with the Lord God instantaneously. ||2||	ਹੇ ਮਾਂ! ਗੁਰੂ ਹੀ ਦਇਆਵਾਨ ਪੁਰਖ ਹੈ ਜੋ ਹਰੀ ਪ੍ਰਭੂ ਨਾਲ ਮਿਲਾ ਦੇਂਦਾ ਹੈ ਤੇ ਰਤਾ ਢਿੱਲ ਨਹੀਂ ਪੈਂਦੀ ॥੨॥
42624	996	ਜਿਨ ਹਰਿ ਹਰਿ ਨਾਮੁ ਨ ਚੇਤਿਓ ਸੇ ਭਾਗਹੀਣ ਮਰਿ ਜਾਇ॥		Jin Har Har Naam N Chaethiou Sae Bhaageheen Mar Jaae ||	Those who do not remember the Name of the Lord, Har, Har, are most unfortunate, and are slaughtered.	ਜਿਨ੍ਹਾਂ ਮਨੁੱਖਾਂ ਨੇ ਕਦੇ ਪਰਮਾਤਮਾ ਦਾ ਸਿਮਰਨ ਨਹੀਂ ਕੀਤਾ, ਉਹ ਬਦ-ਕਿਸਮਤ ਹਨ। (ਨਾਮ-ਹੀਣ ਮਨੁੱਖ) ਆਤਮਕ ਮੌਤੇ ਮਰਿਆ ਰਹਿੰਦਾ ਹੈ।

42625	996	ਓਇ ਫਿਰਿ ਫਿਰਿ ਜੋਨਿ ਭਵਾਈਅਹਿ ਮਰਿ ਜੰਮਹਿ ਆਵੈ ਜਾਇ॥		Oue Fir Fir Jon Bhavaaeeahi Mar Janmehi Aavai Jaae ||	They wander in reincarnation, again and again; they die, and are re-born, and continue coming and going.	ਉਹ (ਨਾਮ ਤੋਂ ਸੱਖਣੇ) ਬੰਦੇ ਮੁੜ ਮੁੜ ਜੂਨਾਂ ਵਿਚ ਭਵਾਏ ਜਾਂਦੇ ਹਨ, ਉਹ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ। ਨਾਮ-ਹੀਣ ਮਨੁੱਖ ਜੰਮਦਾ ਮਰਦਾ ਰਹਿੰਦਾ ਹੈ।
42626	996	ਓਇ ਜਮ ਦਰਿ ਬਧੇ ਮਾਰੀਅਹਿ ਹਰਿ ਦਰਗਹ ਮਿਲੈ ਸਜਾਇ॥੩॥	ਮਾਰੀ-ਅਹਿ	Oue Jam Dhar Badhhae Maareeahi Har Dharageh Milai Sajaae ||3||	Bound and gagged at Death's Door, they are cruelly beaten, and punished in the Court of the Lord. ||3||	ਉਹ (ਨਾਮ ਤੋਂ ਵਾਂਜੇ ਹੋਏ) ਬੰਦੇ ਜਮਰਾਜ ਦੇ ਦਰ ਤੇ ਬੱਝੇ ਮਾਰੀ-ਕੁੱਟੀਦੇ ਹਨ। ਪ੍ਰਭੂ ਦੀ ਦਰਗਾਹ ਵਿਚ ਉਹਨਾਂ ਨੂੰ (ਇਹ) ਸਜ਼ਾ ਮਿਲਦੀ ਹੈ ॥੩॥
42627	996	ਤੂ ਪ੍ਰਭੁ ਹਮ ਸਰਣਾਗਤੀ ਮੋਕਉ ਮੇਲਿ ਲੈਹੁ ਹਰਿ ਰਾਇ॥	ਸਰਣਾ-ਗਤੀ	Thoo Prabh Ham Saranaagathee Mo Ko Mael Laihu Har Raae ||	O God, I seek Your Sanctuary; O my Sovereign Lord King, please unite me with Yourself.	ਹੇ ਪਾਤਿਸ਼ਾਹ! ਤੂੰ ਸਾਡਾ ਮਾਲਕ ਹੈਂ, ਅਸੀਂ ਜੀਵ ਤੇਰੀ ਸਰਣ ਹਾਂ। ਹੇ ਪਾਤਿਸ਼ਾਹ! ਮੈਨੂੰ (ਆਪਣੇ ਚਰਨਾਂ ਵਿਚ) ਜੋੜੀ ਰੱਖ।
42628	996	ਹਰਿ ਧਾਰਿ ਕ੍ਰਿਪਾ ਜਗਜੀਵਨਾ ਗੁਰ ਸਤਿਗੁਰ ਕੀ ਸਰਣਾਇ॥	ਜੱਗਜੀਵਨਾ	Har Dhhaar Kirapaa Jagajeevanaa Gur Sathigur Kee Saranaae ||	O Lord, Life of the World, please shower me with Your Mercy; grant me the Sanctuary of the Guru, the True Guru.	ਹੇ ਹਰੀ! ਹੇ ਜਗਤ ਦੇ ਜੀਵਨ ਹਰੀ! (ਮੇਰੇ ਉਤੇ) ਮਿਹਰ ਕਰ, ਮੈਨੂੰ ਗੁਰੂ ਦੀ ਸਰਨ ਸਤਿਗੁਰੂ ਦੀ ਸਰਨ ਵਿਚ (ਸਦਾ ਰੱਖ)।

42629	996	ਹਰਿ ਜੀਉ ਆਪਿ ਦਇਆਲੁ ਹੋਇ ਜਨ ਨਾਨਕ ਹਰਿ ਮੇਲਾਇ॥੪॥੧॥੩॥		Har Jeeo Aap Dhaeiaal Hoe Jan Naanak Har Maelaae ||4||1||3||	The Dear Lord, becoming merciful, has blended servant Nanak with Himself. ||4||1||3||	ਹੇ ਦਾਸ ਨਾਨਕ! ਜਿਸ ਮਨੁੱਖ ਉਤੇ ਪਰਮਾਤਮਾ ਆਪ ਦਇਆਵਾਨ ਹੁੰਦਾ ਹੈ, ਉਸ ਨੂੰ (ਗੁਰੂ ਦੀ ਸਰਨ ਵਿਚ ਰੱਖ ਕੇ) ਆਪਣੇ ਨਾਲ ਮਿਲਾ ਲੈਂਦਾ ਹੈ ॥੪॥੧॥੩॥
42630	996	ਮਾਰੂ ਮਹਲਾ ੪॥		Maaroo Mehalaa 4 ||	Maaroo, Fourth Mehl:	
42631	996	ਹਉ ਪੂੰਜੀ ਨਾਮੁ ਦਸਾਇਦਾ ਕੋ ਦਸੇ ਹਰਿ ਧਨੁ ਰਾਸਿ॥	ਦੱਸੇ	Ho Poonjee Naam Dhasaaeidhaa Ko Dhasae Har Dhhan Raas ||	I inquire about the commodity of the Naam, the Name of the Lord. Is there anyone who can show me the wealth, the capital of the Lord?	ਮੈਂ ਹਰਿ-ਨਾਮ ਸਰਮਾਏ ਦੀ ਭਾਲ ਕਰਦਾ ਫਿਰਦਾ ਹਾਂ। ਜੇ ਕੋਈ ਮੈਨੂੰ ਉਸ ਨਾਮ-ਧਨ ਨਾਮ-ਸਰਮਾਏ ਦੀ ਦੱਸ ਪਾ ਦੇਵੇ,
42632	996	ਹਉ ਤਿਸੁ ਵਿਟਹੁ ਖਨ ਖੰਨੀਐ ਮੈ ਮੇਲੇ ਹਰਿ ਪ੍ਰਭ ਪਾਸਿ॥		Ho This Vittahu Khan Khanneeai Mai Maelae Har Prabh Paas ||	I cut myself into pieces, and make myself a sacrifice to that one who leads me to meet my Lord God.	ਤੇ, ਮੈਨੂੰ ਹਰੀ-ਪ੍ਰਭੂ ਦੇ ਨਾਲ ਜੋੜ ਦੇਵੇ ਤਾਂ ਮੈਂ ਉਸ ਤੋਂ ਸਦਕੇ ਜਾਵਾਂ, ਕੁਰਬਾਨ ਜਾਵਾਂ।
42633	996	ਮੈ ਅੰਤਰਿ ਪ੍ਰੇਮੁ ਪਿਰੰਮ ਕਾ ਕਿਉ ਸਜਣੁ ਮਿਲੈ ਮਿਲਾਸਿ॥੧॥		Mai Anthar Praem Piranm Kaa Kio Sajan Milai Milaas ||1||	I am filled with the Love of my Beloved; how can I meet my Friend, and merge with Him? ||1||	ਮੇਰੇ ਹਿਰਦੇ ਵਿਚ ਪਿਆਰੇ ਪ੍ਰਭੂ ਦਾ ਪ੍ਰੇਮ ਵੱਸ ਰਿਹਾ ਹੈ। ਉਹ ਸੱਜਣ ਮੈਨੂੰ ਕਿਵੇਂ ਮਿਲੇ? ਮੈਂ ਉਸ ਨੂੰ ਕਿਵੇਂ ਮਿਲਾਂ? ॥੧॥

42634	996	ਮਨ ਪਿਆਰਿਆ ਮਿਤ੍ਰਾ ਮੈ ਹਰਿ ਹਰਿ ਨਾਮੁ ਧਨੁ ਰਾਸਿ॥		Man Piaariaa Mithraa Mai Har Har Naam Dhhan Raas ||	O my beloved friend, my mind, I take the wealth, the capital of the Name of the Lord, Har, Har.	ਹੇ ਮੇਰੇ ਮਨ! ਹੇ ਪਿਆਰੇ ਮਿੱਤਰ! ਪਰਮਾਤਮਾ ਦਾ ਨਾਮ ਹੀ ਮੈਨੂੰ (ਅਸਲ) ਧਨ (ਅਸਲ) ਸਰਮਾਇਆ (ਜਾਪਦਾ ਹੈ)।
42635	996	ਗੁਰਿ ਪੂਰੈ ਨਾਮੁ ਦ੍ਰਿੜਾਇਆ ਹਰਿ ਧੀਰਕ ਹਰਿ ਸਾਬਾਸਿ॥੧॥ਰਹਾਉ ॥		Gur Poorai Naam Dhrirraaeiaa Har Dhheerak Har Saabaas ||1|| Rehaao ||	The Perfect Guru has implanted the Naam within me; the Lord is my support - I celebrate the Lord. ||1||Pause||	ਜਿਸ ਮਨੁੱਖ ਦੇ ਹਿਰਦੇ ਵਿਚ ਪੂਰੇ ਗੁਰੂ ਨੇ ਪ੍ਰਭੂ ਦਾ ਨਾਮ ਪੱਕਾ ਕਰ ਦਿੱਤਾ, ਉਸ ਨੂੰ ਪਰਮਾਤਮਾ ਧੀਰਜ ਦੇਂਦਾ ਹੈ ਉਸ ਨੂੰ ਸ਼ਾਬਾਸ਼ ਦੇਂਦਾ ਹੈ ॥੧॥ ਰਹਾਉ ॥
42636	996	ਹਰਿ ਹਰਿ ਆਪਿ ਮਿਲਾਇ ਗੁਰੁ ਮੈ ਦਸੇ ਹਰਿ ਧਨੁ ਰਾਸਿ॥		Har Har Aap Milaae Gur Mai Dhasae Har Dhhan Raas ||	O my Guru, please unite me with the Lord, Har, Har; show me the wealth, the capital of the Lord.	ਹੇ ਹਰੀ! ਤੂੰ ਆਪ ਹੀ ਮੈਨੂੰ ਗੁਰੂ ਮਿਲਾ ਦੇਹ, ਤਾ ਕਿ ਗੁਰੂ ਮੈਨੂੰ ਤੇਰਾ ਨਾਮ-ਧਨ ਸਰਮਾਇਆ ਵਿਖਾ ਦੇਵੇ।
42637	996	ਬਿਨੁ ਗੁਰ ਪ੍ਰੇਮੁ ਨ ਲਭਈ ਜਨ ਵੇਖਹੁ ਮਨਿ ਨਿਰਜਾਸਿ॥	ਲੱ-ਭਈ	Bin Gur Praem N Labhee Jan Vaekhahu Man Nirajaas ||	Without the Guru, love does not well up; see this, and know it in your mind.	ਹੇ ਸੱਜਣੋ! ਆਪਣੇ ਮਨ ਵਿਚ ਨਿਰਣਾ ਕਰ ਕੇ ਵੇਖ ਲਵੋ, ਗੁਰੂ ਤੋਂ ਬਿਨਾ ਪ੍ਰਭੂ ਦਾ ਪਿਆਰ ਹਾਸਲ ਨਹੀਂ ਹੁੰਦਾ।

42638	996	ਹਰਿ ਗੁਰ ਵਿਚਿ ਆਪੁ ਰਖਿਆ ਹਰਿ ਮੇਲੇ ਗੁਰ ਸਾਬਾਸਿ॥੨॥		Har Gur Vich Aap Rakhiaa Har Maelae Gur Saabaas ||2||	The Lord has installed Himself within the Guru; so praise the Guru, who unites us with the Lord. ||2||	ਪਰਮਾਤਮਾ ਨੇ ਗੁਰੂ ਵਿਚ ਆਪਣੇ ਆਪ ਨੂੰ ਰੱਖਿਆ ਹੋਇਆ ਹੈ, ਗੁਰੂ ਹੀ ਉਸ ਨਾਲ ਮਿਲਾਂਦਾ ਹੈ। ਗੁਰੂ ਦੀ ਵਡਿਆਈ ਕਰੋ ॥੨॥
42639	996	ਸਾਗਰ ਭਗਤਿ ਭੰਡਾਰ ਹਰਿ ਪੂਰੇ ਸਤਿਗੁਰ ਪਾਸਿ॥		Saagar Bhagath Bhanddaar Har Poorae Sathigur Paas ||	The ocean, the treasure of devotional worship of the Lord, rests with the Perfect True Guru.	ਪੂਰੇ ਗੁਰੂ ਦੇ ਕੋਲ ਪਰਮਾਤਮਾ ਦੀ ਭਗਤੀ ਦੇ ਸਮੁੰਦਰ ਭਗਤੀ ਦੇ ਖ਼ਜ਼ਾਨੇ ਮੌਜੂਦ ਹਨ।
42640	996	ਸਤਿਗੁਰੁ ਤੁਠਾ ਖੋਲਿ ਦੇਇ ਮੁਖਿ ਗੁਰਮੁਖਿ ਹਰਿ ਪਰਗਾਸਿ॥	ਤੁੱਠਾ	Sathigur Thuthaa Khol Dhaee Mukh Guramukh Har Paragaas ||	When it pleases the True Guru, He opens the treasure, and and the Gurmukhs are illuminated by the Lord's Light.	ਜਿਸ ਗੁਰਮੁਖ ਮਨੁੱਖ ਉਤੇ ਗੁਰੂ ਮਿਹਰਵਾਨ ਹੁੰਦਾ ਹੈ (ਇਹ ਖ਼ਜ਼ਾਨੇ) ਖੋਲ੍ਹ ਕੇ (ਉਸ ਨੂੰ) ਦੇ ਦੇਂਦਾ ਹੈ, ਮੂੰਹੋਂ ਉਸ ਨੂੰ ਉਪਦੇਸ਼ ਕਰਦਾ ਹੈ ਜਿਸ ਕਰਕੇ ਉਸ ਦੇ ਅੰਦਰ ਰੱਬੀ ਨੂਰ ਪਰਗਟ ਹੋ ਜਾਂਦਾ ਹੈ।
42641	996	ਮਨਮੁਖਿ ਭਾਗ ਵਿਹੂਣਿਆ ਤਿਖ ਮੁਈਆ ਕੰਧੀ ਪਾਸਿ॥੩॥		Manamukh Bhaag Vihooniaa Thikh Mueeaa Kandhhee Paas ||3||	The unfortunate self-willed manmukhs die of thirst, on the very bank of the river. ||3||	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਬਦ-ਕਿਸਮਤ ਹੁੰਦੀ ਹੈ, ਉਹ ਗੁਰੂ ਦੇ ਨੇੜੇ ਹੁੰਦਿਆਂ ਭੀ ਉਵੇਂ ਆਤਮਕ ਮੌਤੇ ਮਰੀ ਰਹਿੰਦੀ ਹੈ ਜਿਵੇਂ ਕੋਈ ਮਨੁੱਖ ਸਰੋਵਰ ਦੇ ਕੰਢੇ ਕੋਲ ਹੁੰਦਾ ਭੀ ਤਿਹਾਇਆ ਮਰ ਜਾਂਦਾ ਹੈ ॥੩॥

42642	996	ਗੁਰੁ ਦਾਤਾ ਦਾਤਾਰੁ ਹੈ ਹਉ ਮਾਗਉ ਦਾਨੁ ਗੁਰ ਪਾਸਿ॥		Gur Dhaathaa Dhaathaar Hai Ho Maago Dhaan Gur Paas ||	The Guru is the Great Giver; I beg for this gift from the Guru,	ਗੁਰੂ ਸਭ ਦਾਤਾਂ ਦੇਣ ਦੇ ਸਮਰੱਥ ਹੈ। ਮੈਂ ਗੁਰੂ ਪਾਸੋਂ ਇਹ ਖ਼ੈਰ ਮੰਗਦਾ ਹਾਂ,
42643	996	ਚਿਰੀ ਵਿਛੁੰਨਾ ਮੇਲਿ ਪ੍ਰਭ ਮੈ ਮਨਿ ਤਨਿ ਵਡੜੀ ਆਸ॥		Chiree Vishhunnaa Mael Prabh Mai Man Than Vaddarree Aas ||	That He may unite me with God, from whom I was separated for so long! This is the great hope of my mind and body.	ਕਿ ਮੈਨੂੰ ਚਿਰ ਤੋਂ ਵਿਛੁੜੇ ਹੋਏ ਨੂੰ ਪ੍ਰਭੂ ਮਿਲਾ ਦੇਵੇ, ਮੇਰੇ ਮਨ ਵਿਚ ਮੇਰੇ ਹਿਰਦੇ ਵਿਚ ਇਹ ਬੜੀ ਤਾਂਘ ਹੈ।
42644	996	ਗੁਰ ਭਾਵੈ ਸੁਣਿ ਬੇਨਤੀ ਜਨ ਨਾਨਕ ਕੀ ਅਰਦਾਸਿ॥੪॥੨॥੪॥		Gur Bhaavai Sun Baenathee Jan Naanak Kee Aradhaas ||4||2||4||	If it pleases You, O my Guru, please listen to my prayer; this is servant Nanak's prayer. ||4||2||4||	ਹੇ ਗੁਰੂ! ਜੇ ਤੈਨੂੰ ਭਾਵੇ ਤਾਂ ਦਾਸ ਨਾਨਕ ਦੀ ਇਹ ਬੇਨਤੀ ਸੁਣ, ਅਰਦਾਸ ਸੁਣ ॥੪॥੨॥੪॥
42645	996	ਮਾਰੂ ਮਹਲਾ ੪॥		Maaroo Mehalaa 4 ||	Maaroo, Fourth Mehl:	
42646	996	ਹਰਿ ਹਰਿ ਕਥਾ ਸੁਣਾਇ ਪ੍ਰਭ ਗੁਰਮਤਿ ਹਰਿ ਰਿਦੈ ਸਮਾਣੀ॥		Har Har Kathhaa Sunaae Prabh Guramath Har Ridhai Samaanee ||	O Lord God please preach Your sermon to me. Through the Guru's Teachings the Lord is merged into my heart.	ਹੇ ਮਨ! ਸਦਾ ਹਰੀ-ਪ੍ਰਭੂ ਦੀ ਸਿਫ਼ਤ-ਸਾਲਾਹ ਸੁਣਦਾ ਰਹੁ। ਗੁਰੂ ਦੀ ਮੱਤ ਉਤੇ ਤੁਰਿਆਂ ਹੀ ਇਹ ਹਰਿ-ਕਥਾ ਹਿਰਦੇ ਵਿਚ ਟਿਕ ਸਕਦੀ ਹੈ।

42647	996	ਜਪਿ ਹਰਿ ਹਰਿ ਕਥਾ ਵਡਭਾਗੀਆ ਹਰਿ ਉਤਮ ਪਦੁ ਨਿਰਬਾਣੀ॥		Jap Har Har Kathhaa Vaddabhaageeaa Har Outham Padh Nirabaanee ||	Meditate on the sermon of the Lord, Har, Har, O very fortunate ones; the Lord shall bless you with the most sublime status of Nirvaanaa.	ਹੇ ਵਡਭਾਗੀ ਮਨ! (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਚੇਤੇ ਕਰਦਾ ਰਹੁ, (ਇਸ ਤਰ੍ਹਾਂ) ਉੱਤਮ ਅਤੇ ਵਾਸਨਾ-ਰਹਿਤ ਆਤਮਕ ਦਰਜਾ ਮਿਲ ਜਾਂਦਾ ਹੈ।
42648	997	ਗੁਰਮੁਖਾ ਮਨਿ ਪਰਤੀਤਿ ਹੈ ਗੁਰਿ ਪੂਰੈ ਨਾਮਿ ਸਮਾਣੀ॥੧॥		Guramukhaa Man Paratheeth Hai Gur Poorai Naam Samaanee ||1||	The minds of the Gurmukhs are filled with faith; through the Perfect Guru, they merge in the Naam, the Name of the Lord. ||1||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਦੇ ਮਨ ਵਿਚ (ਪ੍ਰਭੂ ਦੀ ਸਿਫ਼ਤ-ਸਾਲਾਹ ਵਾਸਤੇ) ਸਰਧਾ ਬਣੀ ਰਹਿੰਦੀ ਹੈ, ਪੂਰੇ ਗੁਰੂ ਦੀ ਰਾਹੀਂ ਉਹ ਹਰਿ-ਨਾਮ ਵਿਚ ਲੀਨ ਰਹਿੰਦੇ ਹਨ ॥੧॥
42649	997	ਮਨ ਮੇਰੇ ਮੈ ਹਰਿ ਹਰਿ ਕਥਾ ਮਨਿ ਭਾਣੀ॥		Man Maerae Mai Har Har Kathhaa Man Bhaanee ||	O my mind, the sermon of the Lord, Har, Har, is pleasing to my mind.	ਹੇ ਮੇਰੇ ਮਨ! ਮੈਨੂੰ ਆਪਣੇ ਅੰਦਰ ਪਰਮਾਤਮਾ ਦੀ ਸਿਫ਼ਤ-ਸਾਲਾਹ ਪਿਆਰੀ ਲੱਗਦੀ ਹੈ।
42650	997	ਹਰਿ ਹਰਿ ਕਥਾ ਨਿਤ ਸਦਾ ਕਰਿ ਗੁਰਮੁਖਿ ਅਕਥ ਕਹਾਣੀ॥੧॥ਰਹਾਉ॥	ਅ-ਕਥ: ਪੋਲਾ ਬੋਲੋ	Har Har Kathhaa Nith Sadhaa Kar Guramukh Akathh Kehaanee ||1|| Rehaao ||	Continually and forever, speak the sermon of the Lord, Har, Har; as Gurmukh, speak the Unspoken Speech. ||1||Pause||	ਹੇ ਮਨ! ਪਰਮਾਤਮਾ ਦੀ ਸਿਫ਼ਤ-ਸਾਲਾਹ ਸਦਾ ਕਰਦਾ ਰਹੁ। ਅਕੱਥ ਪ੍ਰਭੂ ਦੀ ਸਿਫ਼ਤ-ਸਾਲਾਹ ਗੁਰੂ ਦੀ ਰਾਹੀਂ ਮਿਲਦੀ ਹੈ (ਇਸ ਵਾਸਤੇ, ਹੇ ਮਨ! ਗੁਰੂ ਦੀ ਸਰਨ ਪਿਆ ਰਹੁ) ॥੧॥ ਰਹਾਉ ॥

42651	997	ਮੈ ਮਨੁ ਤਨੁ ਖੋਜਿ ਢੰਢੋਲਿਆ ਕਿਉ ਪਾਈਐ ਅਕਥ ਕਹਾਣੀ॥		Mai Man Than Khoj Dtandtoliaa Kio Paaeeai Akathh Kehaanee ||	I have searched through and through my mind and body; how can I attain this Unspoken Speech?	ਮੈਂ ਆਪਣੇ ਮਨ ਨੂੰ ਆਪਣੇ ਤਨ ਨੂੰ ਖੋਜ ਕੇ ਭਾਲ ਕੀਤੀ ਹੈ ਕਿ ਕਿਸ ਤਰ੍ਹਾਂ ਅਕੱਥ ਪ੍ਰਭੂ ਦੀ ਸਿਫ਼ਤ-ਸਾਲਾਹ ਕੀਤੀ ਜਾ ਸਕੇ।
42652	997	ਸੰਤ ਜਨਾ ਮਿਲਿ ਪਾਇਆ ਸੁਣਿ ਅਕਥ ਕਥਾ ਮਨਿ ਭਾਣੀ॥		Santh Janaa Mil Paaeiaa Sun Akathh Kathhaa Man Bhaanee ||	Meeting with the humble Saints, I have found it; listening to the Unspoken Speech, my mind is pleased.	ਸੰਤ ਜਨਾਂ ਨੂੰ ਮਿਲ ਕੇ (ਅਕੱਥ ਪ੍ਰਭੂ ਦਾ ਮਿਲਾਪ) ਹਾਸਲ ਹੋ ਸਕਦਾ ਹੈ; (ਸੰਤ ਜਨਾਂ ਪਾਸੋਂ) ਅਕੱਥ ਪ੍ਰਭੂ ਦੀ ਸਿਫ਼ਤ-ਸਾਲਾਹ ਸੁਣ ਕੇ ਮਨ ਵਿਚ ਪਿਆਰੀ ਲੱਗਦੀ ਹੈ।
42653	997	ਮੇਰੈ ਮਨਿ ਤਨਿ ਨਾਮੁ ਅਧਾਰੁ ਹਰਿ ਮੈ ਮੇਲੇ ਪੁਰਖੁ ਸੁਜਾਣੀ॥੨॥		Maerai Man Than Naam Adhhaar Har Mai Maelae Purakh Sujaanee ||2||	The Lord's Name is the Support of my mind and body; I am united with the all-knowing Primal Lord God. ||2||	(ਸੰਤ-ਗੁਰੂ ਦੀ ਕਿਰਪਾ ਨਾਲ) ਮੇਰੇ ਮਨ ਵਿਚ ਪਰਮਾਤਮਾ ਦਾ ਨਾਮ ਆਸਰਾ ਬਣ ਗਿਆ ਹੈ। (ਗੁਰੂ ਹੀ) ਮੈਨੂੰ ਸੁਜਾਣ ਅਕਾਲ ਪੁਰਖ ਮਿਲਾ ਸਕਦਾ ਹੈ ॥੨॥
42654	997	ਗੁਰ ਪੁਰਖੈ ਪੁਰਖੁ ਮਿਲਾਇ ਪ੍ਰਭ ਮਿਲਿ ਸੁਰਤੀ ਸੁਰਤਿ ਸਮਾਣੀ॥		Gur Purakhai Purakh Milaae Prabh Mil Surathee Surath Samaanee ||	The Guru, the Primal Being, has united me with the Primal Lord God. My consciousness has merged into the supreme consciousness.	ਜਿਸ ਮਨੁੱਖ ਨੂੰ ਗੁਰੂ-ਪੁਰਖ ਨੇ ਪ੍ਰਭੂ-ਪੁਰਖ ਨਾਲ ਮਿਲਾ ਦਿੱਤਾ, (ਪ੍ਰਭੂ ਨੂੰ) ਮਿਲ ਕੇ ਉਸ ਦੀ ਸੁਰਤ ਸੁਰਤਾਂ ਦੇ ਮਾਲਕ-ਹਰੀ ਵਿਚ (ਸਦਾ ਲਈ) ਟਿਕ ਗਈ।

42655	997	ਵਡਭਾਗੀ ਗੁਰੁ ਸੇਵਿਆ ਹਰਿ ਪਾਇਆ ਸੁਘੜ ਸੁਜਾਣੀ॥		Vaddabhaagee Gur Saeviaa Har Paaeiaa Sugharr Sujaanee ||	By great good fortune, I serve the Guru, and I have found my Lord, all-wise and all-knowing.	ਵਡ-ਭਾਗੀ ਮਨੁੱਖਾਂ ਨੇ ਗੁਰੂ ਦਾ ਆਸਰਾ ਲਿਆ, ਉਹਨਾਂ ਨੂੰ ਸੋਹਣਾ ਸੁਜਾਨ ਪਰਮਾਤਮਾ ਮਿਲ ਪਿਆ।
42656	997	ਮਨਮੁਖ ਭਾਗ ਵਿਹੂਣਿਆ ਤਿਨ ਦੁਖੀ ਰੈਣਿ ਵਿਹਾਣੀ॥੩॥		Manamukh Bhaag Vihooniaa Thin Dhukhee Rain Vihaanee ||3||	The self-willed manmukhs are very unfortunate; they pass their life-night in misery and pain. ||3||	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬਦ-ਕਿਸਮਤ ਹੁੰਦੇ ਹਨ (ਛੁੱਟੜ ਇਸਤ੍ਰੀ ਦੀ ਰਾਤ ਵਾਂਗ ਉਹਨਾਂ ਦੀ) ਜ਼ਿੰਦਗੀ ਦੁੱਖਾਂ ਵਿਚ ਹੀ ਬੀਤਦੀ ਹੈ ॥੩॥
42657	997	ਹਮ ਜਾਚਿਕ ਦੀਨ ਪ੍ਰਭ ਤੇਰਿਆ ਮੁਖਿ ਦੀਜੈ ਅੰਮ੍ਰਿਤ ਬਾਣੀ॥		Ham Jaachik Dheen Prabh Thaeriaa Mukh Dheejai Anmrith Baanee ||	I am just a meek beggar at Your Door, God; please, place the Ambrosial Word of Your Bani in my mouth.	ਹੇ ਪ੍ਰਭੂ! ਅਸੀਂ (ਜੀਵ) ਤੇਰੇ (ਦਰ ਦੇ) ਨਿਮਾਣੇ ਮੰਗਤੇ ਹਾਂ, ਸਾਡੇ ਮੂੰਹ ਵਿਚ (ਗੁਰੂ ਦੀ) ਆਤਮਕ ਜੀਵਨ ਦੇਣ ਵਾਲੀ ਬਾਣੀ ਦੇਹ।
42658	997	ਸਤਿਗੁਰੁ ਮੇਰਾ ਮਿਤ੍ਰੁ ਪ੍ਰਭ ਹਰਿ ਮੇਲਹੁ ਸੁਘੜ ਸੁਜਾਣੀ॥		Sathigur Maeraa Mithra Prabh Har Maelahu Sugharr Sujaanee ||	The True Guru is my friend; He unites me with my all-wise, all-knowing Lord God.	ਹੇ ਹਰੀ! ਹੇ ਪ੍ਰਭੂ! ਮੈਨੂੰ ਸੋਹਣਾ ਸੁਜਾਨ ਮੇਰਾ ਮਿੱਤਰ ਗੁਰੂ ਮਿਲਾ।

42659	997	ਜਨ ਨਾਨਕ ਸਰਣਾਗਤੀ ਕਰਿ ਕਿਰਪਾ ਨਾਮਿ ਸਮਾਣੀ॥੪॥੩॥੫॥	ਸਰ-ਣਾਗਤੀ	Jan Naanak Saranaagathee Kar Kirapaa Naam Samaanee ||4||3||5||	Servant Nanak has entered Your Sanctuary; grant Your Grace, and merge me into Your Name. ||4||3||5||	ਹੇ ਦਾਸ ਨਾਨਕ! (ਆਖ) ਮੈਂ ਤੇਰੀ ਸਰਨ ਪਿਆ ਹਾਂ, ਮਿਹਰ ਕਰ, ਮੈਂ ਤੇਰੇ ਨਾਮ ਵਿਚ ਲੀਨ ਰਹਾਂ ॥੪॥੩॥੫॥
42660	997	ਮਾਰੂ ਮਹਲਾ ੪॥		Maaroo Mehalaa 4 ||	Maaroo, Fourth Mehl:	
42661	997	ਹਰਿ ਭਾਉ ਲਗਾ ਬੈਰਾਗੀਆ ਵਡਭਾਗੀ ਹਰਿ ਮਨਿ ਰਾਖੁ॥		Har Bhaao Lagaa Bairaageeaa Vaddabhaagee Har Man Raakh ||	Detached from the world, I am in love with the Lord; by great good fortune, I have enshrined the Lord within my mind.	ਹੇ ਬੈਰਾਗੀ ਜੀਊੜੇ! ਵੱਡੇ ਭਾਗਾਂ ਨਾਲ (ਤੇਰੇ ਅੰਦਰ) ਪਰਮਾਤਮਾ ਦਾ ਪਿਆਰ ਬਣਿਆ ਹੈ, ਹੁਣ ਪਰਮਾਤਮਾ (ਦੇ ਨਾਮ) ਨੂੰ (ਆਪਣੇ) ਮਨ ਵਿਚ ਸਾਂਭ ਰੱਖ।
42662	997	ਮਿਲਿ ਸੰਗਤਿ ਸਰਧਾ ਊਪਜੈ ਗੁਰ ਸਬਦੀ ਹਰਿ ਰਸੁ ਚਾਖੁ॥		Mil Sangath Saradhhaa Oopajai Gur Sabadhee Har Ras Chaakh ||	Joining the Sangat, the Holy Congregation, faith has welled up within me; through the Word of the Guru's Shabad, I taste the sublime essence of the Lord.	ਸੰਗਤ ਵਿਚ ਮਿਲ ਕੇ (ਹੀ ਨਾਮ ਜਪਣ ਦੀ) ਸਰਧਾ ਪੈਦਾ ਹੁੰਦੀ ਹੈ, (ਤੂੰ ਭੀ ਸੰਗਤ ਵਿਚ ਟਿਕ ਕੇ) ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਦਾ ਰਹੁ।

42663	997	ਸਭੁ ਮਨੁ ਤਨੁ ਹਰਿਆ ਹੋਇਆ ਗੁਰਬਾਣੀ ਹਰਿ ਗੁਣ ਭਾਖੁ॥੧॥		Sabh Man Than Hariaa Hoeiaa Gurabaanee Har Gun Bhaakh ||1||	My mind and body have totally blossomed forth; through the Word of the Guru's Bani, I chant the Glorious Praises of the Lord. ||1||	(ਜਿਹੜਾ ਮਨੁੱਖ ਨਾਮ-ਰਸ ਚੱਖਦਾ ਹੈ ਉਸ ਦਾ) ਉਸ ਦਾ ਤਨ ਮਨ ਹਰ ਵੇਲੇ ਖਿੜਿਆ ਰਹਿੰਦਾ ਹੈ। ਗੁਰੂ ਦੀ ਬਾਣੀ ਦੀ ਰਾਹੀਂ (ਤੂੰ ਭੀ) ਪਰਮਾਤਮਾ ਦੇ ਗੁਣ ਉਚਾਰਿਆ ਕਰ ॥੧॥
42664	997	ਮਨ ਪਿਆਰਿਆ ਮਿਤ੍ਰਾ ਹਰਿ ਹਰਿ ਨਾਮ ਰਸੁ ਚਾਖੁ॥		Man Piaariaa Mithraa Har Har Naam Ras Chaakh ||	O my beloved mind, my friend, taste the sublime essence of the Name of the Lord, Har, Har.	ਹੇ ਪਿਆਰੇ ਮਿੱਤਰ ਮਨ! ਸਦਾ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਿਆ ਕਰ।
42665	997	ਗੁਰਿ ਪੂਰੈ ਹਰਿ ਪਾਇਆ ਹਲਤਿ ਪਲਤਿ ਪਤਿ ਰਾਖੁ॥੧॥ਰਹਾਉ॥		Gur Poorai Har Paaeiaa Halath Palath Path Raakh ||1|| Rehaao ||	Through the Perfect Guru, I have found the Lord, who saves my honor, here and hereafter. ||1||Pause||	ਪਰਮਾਤਮਾ (ਦਾ ਨਾਮ) ਪੂਰੇ ਗੁਰੂ ਦੀ ਰਾਹੀਂ ਮਿਲਦਾ ਹੈ (ਤੂੰ ਭੀ ਗੁਰੂ ਦੀ ਸਰਨ ਪਉ, ਅਤੇ) ਇਸ ਲੋਕ ਤੇ ਪਰਲੋਕ ਵਿਚ ਆਪਣੀ ਇਜ਼ਤ ਬਚਾ ਲੈ ॥੧॥ ਰਹਾਉ ॥
42666	997	ਹਰਿ ਹਰਿ ਨਾਮੁ ਧਿਆਈਐ ਹਰਿ ਕੀਰਤਿ ਗੁਰਮੁਖਿ ਚਾਖੁ॥		Har Har Naam Dhhiaaeeai Har Keerath Guramukh Chaakh ||	Meditate on the Name of the Lord, Har, Har; as Gurmukh, taste the Kirtan of the Lord's Praises.	ਸਦਾ ਪਰਮਾਤਮਾ ਦਾ ਨਾਮ ਧਿਆਉਣਾ ਚਾਹੀਦਾ ਹੈ। (ਤੂੰ) ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ (ਦਾ ਸੁਆਦ) ਚੱਖਿਆ ਕਰ।

42667	997	ਤਨੁ ਧਰਤੀ ਹਰਿ ਬੀਜੀਐ ਵਿਚਿ ਸੰਗਤਿ ਹਰਿ ਪ੍ਰਭ ਰਾਖੁ॥		Than Dhharathee Har Beejeeai Vich Sangath Har Prabh Raakh ||	Plant the seed of the Lord in the body-farm. The Lord God is enshrined within the Sangat, the Holy Congregation.	ਇਹ ਸਰੀਰ (ਮਾਨੋ) ਧਰਤੀ ਹੈ, (ਇਸ ਵਿਚ) ਪਰਮਾਤਮਾ (ਦਾ ਨਾਮ-ਬੀਜ) ਬੀਜਣਾ ਚਾਹੀਦਾ ਹੈ। ਸੰਗਤ ਵਿਚ (ਟਿਕੇ ਰਿਹਾਂ) ਪਰਮਾਤਮਾ ਆਪ (ਉਸ ਨਾਮ-ਖੇਤੀ ਦਾ) ਰਾਖਾ ਬਣਦਾ ਹੈ।
42668	997	ਅੰਮ੍ਰਿਤੁ ਹਰਿ ਹਰਿ ਨਾਮੁ ਹੈ ਗੁਰਿ ਪੂਰੈ ਹਰਿ ਰਸੁ ਚਾਖੁ॥੨॥		Anmrith Har Har Naam Hai Gur Poorai Har Ras Chaakh ||2||	The Name of the Lord, Har, Har, is Ambrosial Nectar. Through the Perfect Guru, taste the sublime essence of the Lord. ||2||	ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ, ਪੂਰੇ ਗੁਰੂ ਦੀ ਰਾਹੀਂ (ਤੂੰ ਭੀ) ਪਰਮਾਤਮਾ (ਦੇ ਨਾਮ) ਦਾ ਸੁਆਦ ਚੱਖਦਾ ਰਹੁ ॥੨॥
42669	997	ਮਨਮੁਖ ਤ੍ਰਿਸਨਾ ਭਰਿ ਰਹੇ ਮਨਿ ਆਸਾ ਦਹ ਦਿਸ ਬਹੁ ਲਾਖੁ॥		Manamukh Thrisanaa Bhar Rehae Man Aasaa Dheh Dhis Bahu Laakh ||	The self-willed manmukhs are filled with hunger and thirst; their minds run around in the ten directions, hoping for great wealth.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਤ੍ਰਿਸ਼ਨਾ (ਦੀ ਮੈਲ) ਨਾਲ ਲਿੱਬੜੇ ਰਹਿੰਦੇ ਹਨ, (ਉਹਨਾਂ ਤੇ) ਮਨ ਵਿਚ (ਮਾਇਆ ਦੀ ਹੀ) ਆਸਾ (ਟਿਕੀ ਰਹਿੰਦੀ ਹੈ), ਉਹ ਆਮ ਤੌਰ ਤੇ (ਮਾਇਆ ਦੀ ਖ਼ਾਤਰ) ਭਟਕਦੇ ਰਹਿੰਦੇ ਹਨ।
42670	997	ਬਿਨੁ ਨਾਵੈ ਧ੍ਰਿਗੁ ਜੀਵਦੇ ਵਿਚਿ ਬਿਸਟਾ ਮਨਮੁਖ ਰਾਖੁ॥		Bin Naavai Dhhrig Jeevadhae Vich Bisattaa Manamukh Raakh ||	Without the Name of the Lord, their life is cursed; the manmukhs are stuck in manure.	ਨਾਮ ਤੋਂ ਵਾਂਜੇ ਰਹਿ ਕੇ ਉਹਨਾਂ ਦਾ ਜੀਊਣਾ ਫਿਟਕਾਰ-ਜੋਗ ਹੈ। ਮਨਮੁਖਾਂ ਦਾ ਟਿਕਾਣਾ (ਵਿਕਾਰਾਂ ਦੇ) ਗੰਦ ਵਿਚ ਹੀ ਰਹਿੰਦਾ ਹੈ।

42671	997	ਓਇ ਆਵਹਿ ਜਾਹਿ ਭਵਾਈਅਹਿ ਬਹੁ ਜੋਨੀ ਦੁਰਗੰਧ ਭਾਖੁ॥੩॥	ਵਾਈ-ਅਹਿ	Oue Aavehi Jaahi Bhavaaeeahi Bahu Jonee Dhuragandhh Bhaakh ||3||	They come and go, and are consigned to wander through uncounted incarnations, eating stinking rot. ||3||	ਉਹ ਸਦਾ ਜੰਮਦੇ ਮਰਦੇ ਰਹਿੰਦੇ ਹਨ, ਅਨੇਕਾਂ ਜੂਨਾਂ ਵਿਚ ਭਵਾਏ ਜਾਂਦੇ ਹਨ (ਵਿਕਾਰਾਂ ਦਾ) ਗੰਦ (ਉਹਨਾਂ ਦੀ ਸਦਾ) ਖ਼ੁਰਾਕ ਹੈ ॥੩॥
42672	997	ਤ੍ਰਾਹਿ ਤ੍ਰਾਹਿ ਸਰਣਾਗਤੀ ਹਰਿ ਦਇਆ ਧਾਰਿ ਪ੍ਰਭ ਰਾਖੁ॥	ਸਰ-ਣਾਗਤੀ	Thraahi Thraahi Saranaagathee Har Dhaeiaa Dhhaar Prabh Raakh ||	Begging, imploring, I seek Your Sanctuary; Lord, shower me with Your Mercy, and save me, God.	ਹੇ ਹਰੀ! ਹੇ ਪ੍ਰਭੂ! ਮਿਹਰ ਕਰ, (ਸਾਡੀ) ਰੱਖਿਆ ਕਰ, ਅਸੀਂ ਤੇਰੀ ਸਰਨ ਆਏ ਹਾਂ, ਸਾਨੂੰ ਬਚਾ ਲੈ ਬਚਾ ਲੈ।
42673	997	ਸੰਤਸੰਗਤਿ ਮੇਲਾਪੁ ਕਰਿ ਹਰਿ ਨਾਮੁ ਮਿਲੈ ਪਤਿ ਸਾਖੁ॥		Santhasangath Maelaap Kar Har Naam Milai Path Saakh ||	Lead me to join the Society of the Saints, and bless me with the honor and glory of the Lord's Name.	ਸੰਤਾਂ ਦੀ ਸੰਗਤ ਵਿਚ ਸਾਡਾ ਮਿਲਾਪ ਬਣਾਈ ਰੱਖ, (ਉਥੇ ਹੀ) ਹਰਿ-ਨਾਮ ਮਿਲਦਾ ਹੈ (ਜਿਸ ਨੂੰ ਨਾਮ ਮਿਲਦਾ ਹੈ ਉਸ ਨੂੰ ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ।
42674	997	ਹਰਿ ਹਰਿ ਨਾਮੁ ਧਨੁ ਪਾਇਆ ਜਨ ਨਾਨਕ ਗੁਰਮਤਿ ਭਾਖੁ॥੪॥੪॥੬॥		Har Har Naam Dhhan Paaeiaa Jan Naanak Guramath Bhaakh ||4||4||6||	I have obtained the wealth of the Name of the Lord, Har, Har; servant Nanak chants the Lord's Name, through the Guru's Teachings. ||4||4||6||	ਹੇ ਦਾਸ ਨਾਨਕ! (ਸੰਤਾਂ ਦੀ ਸੰਗਤ ਵਿਚ ਹੀ) ਪਰਮਾਤਮਾ ਦਾ ਨਾਮ-ਧਨ ਮਿਲਦਾ ਹੈ। ਤੂੰ ਭੀ ਗੁਰੂ ਦੀ ਮੱਤ ਲੈ ਕੇ ਨਾਮ ਉਚਾਰਦਾ ਰਹੁ ॥੪॥੪॥੬॥

42675	997	ਮਾਰੂ ਮਹਲਾ ੪ ਘਰੁ ੫		Maaroo Mehalaa 4 Ghar 5	Maaroo, Fourth Mehl, Fifth House:	ਰਾਗ ਮਾਰੂ, ਘਰ ੫ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
42676	997	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
42677	997	ਹਰਿ ਹਰਿ ਭਗਤਿ ਭਰੇ ਭੰਡਾਰਾ॥		Har Har Bhagath Bharae Bhanddaaraa ||	Devotional worship to the Lord, Har, Har, is an overflowing treasure.	(ਗੁਰੂ ਦੇ ਪਾਸ) ਪਰਮਾਤਮਾ ਦੀ ਭਗਤੀ ਦੇ ਖ਼ਜ਼ਾਨੇ ਭਰੇ ਪਏ ਹਨ,
42678	997	ਗੁਰਮੁਖਿ ਰਾਮੁ ਕਰੇ ਨਿਸਤਾਰਾ॥		Guramukh Raam Karae Nisathaaraa ||	The Gurmukh is emancipated by the Lord.	ਪਰਮਾਤਮਾ ਗੁਰੂ ਦੀ ਰਾਹੀਂ (ਹੀ) ਪਾਰ-ਉਤਾਰਾ ਕਰਦਾ ਹੈ।
42679	997	ਜਿਸ ਨੋ ਕ੍ਰਿਪਾ ਕਰੇ ਮੇਰਾ ਸੁਆਮੀ ਸੋ ਹਰਿ ਕੇ ਗੁਣ ਗਾਵੈ ਜੀਉ॥੧॥		Jis No Kirapaa Karae Maeraa Suaamee So Har Kae Gun Gaavai Jeeo ||1||	One who is blessed by the Mercy of my Lord and Master sings the Glorious Praises of the Lord. ||1||	ਮੇਰਾ ਮਾਲਕ-ਪ੍ਰਭੂ ਜਿਸ ਮਨੁੱਖ ਉਤੇ ਮੇਹਰ ਕਰਦਾ ਹੈ ਉਹ ਮਨੁੱਖ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਗੁਣ ਗਾਂਦਾ ਹੈ ॥੧॥
42680	997	ਹਰਿ ਹਰਿ ਕ੍ਰਿਪਾ ਕਰੇ ਬਨਵਾਲੀ॥		Har Har Kirapaa Karae Banavaalee ||	O Lord, Har, Har, take pity on me,	ਜਿਸ ਮਨੁੱਖ ਉਤੇ ਹਰੀ-ਪਰਮਾਤਮਾ ਕਿਰਪਾ ਕਰਦਾ ਹੈ,
42681	997	ਹਰਿ ਹਿਰਦੈ ਸਦਾ ਸਦਾ ਸਮਾਲੀ॥		Har Hiradhai Sadhaa Sadhaa Samaalee ||	That within my heart, I may dwell upon You, Lord, forever and ever.	ਉਹ ਮਨੁੱਖ ਸਦਾ ਹੀ ਸਦਾ ਹੀ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ।

42682	997	ਹਰਿ ਹਰਿ ਨਾਮੁ ਜਪਹੁ ਮੇਰੇ ਜੀਅੜੇ ਜਪਿ ਹਰਿ ਹਰਿ ਨਾਮੁ ਛਡਾਵੈ ਜੀਉ॥੧॥ਰਹਾਉ॥		Har Har Naam Japahu Maerae Jeearrae Jap Har Har Naam Shhaddaavai Jeeo ||1|| Rehaao ||	Chant the Name of the Lord, Har, Har, O my soul; chanting the Name of the Lord, Har, Har, you shall be emancipated. ||1||Pause||	ਹੇ ਮੇਰੀ ਜਿੰਦੇ! ਤੂੰ ਭੀ ਪਰਮਾਤਮਾ ਦਾ ਨਾਮ ਸਦਾ ਜਪਿਆ ਕਰ। ਪ੍ਰਭੂ ਦਾ ਨਾਮ ਹੀ ਵਿਕਾਰਾਂ ਤੋਂ ਖ਼ਲਾਸੀ ਕਰਾਂਦਾ ਹੈ ॥੧॥ ਰਹਾਉ ॥
42683	998	ਸੁਖਸਾਗਰੁ ਅੰਮ੍ਰਿਤੁ ਹਰਿ ਨਾਉ॥		Sukh Saagar Anmrith Har Naao ||	The Ambrosial Name of the Lord is the ocean of peace.	ਤੇਰਾ ਨਾਮ ਸੁਖਾਂ ਦਾ ਖ਼ਜ਼ਾਨਾ ਹੈ ਅਤੇ ਆਤਮਕ ਜੀਵਨ ਦੇਣ ਵਾਲਾ ਹੈ।
42684	998	ਮੰਗਤ ਜਨੁ ਜਾਚੈ ਹਰਿ ਦੇਹੁ ਪਸਾਉ॥		Mangath Jan Jaachai Har Dhaehu Pasaao ||	The beggar begs for it; O Lord, please bless him, in Your kindness.	(ਤੇਰਾ) ਦਾਸ ਮੰਗਤਾ (ਬਣ ਕੇ ਤੇਰੇ ਦਰ ਤੋਂ) ਮੰਗਦਾ ਹੈ। ਹੇ ਹਰੀ! ਮਿਹਰ ਕਰ (ਆਪਣਾ ਨਾਮ) ਦੇਹ।
42685	998	ਹਰਿ ਸਤਿ ਸਤਿ ਸਦਾ ਹਰਿ ਸਤਿ ਹਰਿ ਸਤਿ ਮੇਰੈ ਮਨਿ ਭਾਵੈ ਜੀਉ॥੨॥		Har Sath Sath Sadhaa Har Sath Har Sath Maerai Man Bhaavai Jeeo ||2||	True, True is the Lord; the Lord is forever True; the True Lord is pleasing to my mind. ||2||	ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ ਸਦਾ ਕਾਇਮ ਰਹਿਣ ਵਾਲਾ ਹੈ, ਉਹ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਮੇਰੇ ਮਨ ਵਿਚ ਪਿਆਰਾ ਲੱਗ ਰਿਹਾ ਹੈ ॥੨॥

42686	998	ਨਵੇ ਛਿਦ੍ਰ ਸ੍ਰਵਹਿ ਅਪਵਿਤ੍ਰਾ॥		Navae Shhidhr Sravehi Apavithraa ||	The nine holes pour out filth.	(ਮਨੁੱਖਾ ਸਰੀਰ ਵਿਚ ਨੱਕ ਕੰਨ ਆਦਿਕ ਨੌ ਛੇਕ ਹਨ, ਇਹ) ਨੌ ਹੀ ਛੇਕ ਸਿੰਮਦੇ ਰਹਿੰਦੇ ਹਨ (ਅਤੇ ਵਿਕਾਰ-ਵਾਸਨਾ ਆਦਿਕ ਦੇ ਕਾਰਨ) ਅਪਵਿੱਤਰ ਭੀ ਹਨ।
42687	998	ਬੋਲਿ ਹਰਿ ਨਾਮ ਪਵਿਤ੍ਰ ਸਭਿ ਕਿਤਾ॥	ਕਿਤਾ: ਦਰਮਿਆਨਾ ਬੋਲੋ	Bol Har Naam Pavithr Sabh Kithaa ||	Chanting the Lord's Name, they are all purified and sanctified.	(ਜਿਹੜਾ ਮਨੁੱਖ ਹਰਿ-ਨਾਮ ਉਚਾਰਦਾ ਹੈ) ਹਰਿ-ਨਾਮ ਉਚਾਰ ਕੇ ਉਸ ਨੇ ਇਹ ਸਾਰੇ ਪਵਿੱਤਰ ਕਰ ਲਏ ਹਨ।
42688	998	ਜੇ ਹਰਿ ਸੁਪ੍ਰਸੰਨੁ ਹੋਵੈ ਮੇਰਾ ਸੁਆਮੀ ਹਰਿ ਸਿਮਰਤ ਮਲੁ ਲਹਿ ਜਾਵੈ ਜੀਉ॥੩॥	ਸੁਪ੍ਰਸੰਨ	Jae Har Suprasann Hovai Maeraa Suaamee Har Simarath Mal Lehi Jaavai Jeeo ||3||	When my Lord and Master is totally pleased, He leads the mortal to meditate in remembrance on the Lord, and then his filth is taken away. ||3||	ਜੇ ਮੇਰਾ ਮਾਲਕ-ਪ੍ਰਭੂ ਕਿਸੇ ਜੀਵ ਉਤੇ ਦਇਆਵਾਨ ਹੋ ਜਾਏ, ਤਾ ਹਰਿ-ਨਾਮ ਸਿਮਰਦਿਆਂ (ਉਸ ਦੇ ਇਹਨਾਂ ਇੰਦ੍ਰਿਆਂ ਦੀ ਵਿਕਾਰਾਂ ਦੀ) ਮੈਲ ਦੂਰ ਹੋ ਜਾਂਦੀ ਹੈ ॥੩॥
42689	998	ਮਾਇਆ ਮੋਹੁ ਬਿਖਮੁ ਹੈ ਭਾਰੀ॥		Maaeiaa Mohu Bikham Hai Bhaaree ||	Attachment to Maya is terribly treacherous.	ਸੰਸਾਰ-ਸਮੁੰਦਰ (ਵਿਚ) ਮਾਇਆ ਦਾ ਮੋਹ ਬਹੁਤ ਹੀ ਕਠਿਨ ਹੈ।
42690	998	ਕਿਉ ਤਰੀਐ ਦੁਤਰੁ ਸੰਸਾਰੀ॥	ਦੁੱਤ-ਰੁ	Kio Thareeai Dhuthar Sansaaree ||	How can one cross over the difficult world-ocean?	ਇਸ ਤੋਂ ਪਾਰ ਲੰਘਣਾ ਔਖਾ ਹੈ। ਫਿਰ ਇਸ ਤੋਂ ਕਿਵੇਂ ਪਾਰ ਲੰਘਿਆ ਜਾਏ?

42691	998	ਸਤਿਗੁਰੁ ਬੋਹਿਥੁ ਦੇਇ ਪ੍ਰਭੁ ਸਾਚਾ ਜਪਿ ਹਰਿ ਹਰਿ ਪਾਰਿ ਲੰਘਾਵੈ ਜੀਉ॥੪॥		Sathigur Bohithh Dhaee Prabh Saachaa Jap Har Har Paar Langhaavai Jeeo ||4||	The True Lord bestows the boat of the True Guru; meditating on the Lord, Har, Har, one is carried across. ||4||	ਗੁਰੂ ਜਹਾਜ਼ (ਹੈ) ਸਦਾ ਕਾਇਮ ਰਹਿਣ ਵਾਲਾ ਪ੍ਰਭੂ (ਜਿਸ ਮਨੁੱਖ ਨੂੰ ਇਹ ਜਹਾਜ਼) ਦੇ ਦੇਂਦਾ ਹੈ, ਉਹ ਮਨੁੱਖ ਪ੍ਰਭੂ ਦਾ ਨਾਮ ਜਪਦਾ ਹੈ, ਤੇ ਗੁਰੂ ਉਸ ਨੂੰ ਪਾਰ ਲੰਘਾ ਦੇਂਦਾ ਹੈ ॥੪॥
42692	998	ਤੂ ਸਰਬਤ੍ਰ ਤੇਰਾ ਸਭੁ ਕੋਈ॥	ਸਰਬੱਤ੍ਰ	Thoo Sarabathr Thaeraa Sabh Koee ||	You are everywhere; all are Yours.	ਹੇ ਪ੍ਰਭੂ! ਤੂੰ ਹਰ ਥਾਂ ਵੱਸਦਾ ਹੈਂ, ਹਰੇਕ ਜੀਵ ਤੇਰਾ (ਪੈਦਾ ਕੀਤਾ ਹੋਇਆ) ਹੈ।
42693	998	ਜੋ ਤੂ ਕਰਹਿ ਸੋਈ ਪ੍ਰਭ ਹੋਈ॥		Jo Thoo Karehi Soee Prabh Hoee ||	Whatever You do, God, that alone comes to pass.	ਹੇ ਪ੍ਰਭੂ! ਜੋ ਕੁਝ ਕਰਦਾ ਹੈਂ ਉਹੀ ਹੁੰਦਾ ਹੈ।
42694	998	ਜਨੁ ਨਾਨਕੁ ਗੁਣ ਗਾਵੈ ਬੇਚਾਰਾ ਹਰਿ ਭਾਵੈ ਹਰਿ ਥਾਇ ਪਾਵੈ ਜੀਉ॥੫॥੧॥੭॥		Jan Naanak Gun Gaavai Baechaaraa Har Bhaavai Har Thhaae Paavai Jeeo ||5||1||7||	Poor servant Nanak sings the Glorious Praises of the Lord; as it pleases the Lord, He bestows His approval. ||5||1||7||	ਪ੍ਰਭੂ ਦਾ ਦਾਸ ਗਰੀਬ ਨਾਨਕ ਪ੍ਰਭੂ ਦੇ ਗੁਣ ਗਾਂਦਾ ਹੈ, ਜੇ ਉਸ ਨੂੰ (ਇਹ ਕੰਮ) ਪਸੰਦ ਆ ਜਾਏ ਤਾਂ ਉਹ ਇਸ ਨੂੰ ਪਰਵਾਨ ਕਰ ਲੈਂਦਾ ਹੈ ॥੫॥੧॥੭॥
42695	998	ਮਾਰੂ ਮਹਲਾ ੪॥		Maaroo Mehalaa 4 ||	Maaroo, Fourth Mehl:	
42696	998	ਹਰਿ ਹਰਿ ਨਾਮੁ ਜਪਹੁ ਮਨ ਮੇਰੇ॥		Har Har Naam Japahu Man Maerae ||	Chant the Name of the Lord, Har, Har, O my mind.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਸਦਾ ਜਪਿਆ ਕਰ,
42697	998	ਸਭਿ ਕਿਲਵਿਖ ਕਾਟੈ ਹਰਿ ਤੇਰੇ॥		Sabh Kilavikh Kaattai Har Thaerae ||	The Lord shall eradicate all your sins.	ਪਰਮਾਤਮਾ ਤੇਰੇ ਸਾਰੇ ਪਾਪ ਕੱਟ ਸਕਦਾ ਹੈ।

42698	998	ਹਰਿ ਧਨੁ ਰਾਖਹੁ ਹਰਿ ਧਨੁ ਸੰਚਹੁ ਹਰਿ ਚਲਦਿਆ ਨਾਲਿ ਸਖਾਈ ਜੀਉ॥੧॥		Har Dhhan Raakhahu Har Dhhan Sanchahu Har Chaladhiaa Naal Sakhaaee Jeeo ||1||	Treasure the Lord's wealth, and gather in the Lord's wealth; when you depart in the end, the Lord shall go along with you as your only friend and companion. ||1||	ਹੇ ਮਨ! ਹਰਿ-ਨਾਮ ਦਾ ਧਨ ਸਾਂਭ ਕੇ ਰੱਖ, ਹਰਿ-ਨਾਮ-ਧਨ ਇਕੱਠਾ ਕਰਦਾ ਰਹੁ, ਇਹੀ ਧਨ ਹਰ ਵੇਲੇ ਮਨੁੱਖ ਦੇ ਨਾਲ ਮਦਦਗਾਰ ਬਣਦਾ ਹੈ ॥੧॥
42699	998	ਜਿਸ ਨੋ ਕ੍ਰਿਪਾ ਕਰੇ ਸੋ ਧਿਆਵੈ॥		Jis No Kirapaa Karae So Dhhiaavai ||	He alone meditates on the Lord, unto whom He grants His Grace.	ਜਿਸ ਮਨੁੱਖ ਉਤੇ ਪਰਮਾਤਮਾ ਕਿਰਪਾ ਕਰਦਾ ਹੈ, ਉਹ ਮਨੁੱਖ ਉਸ ਨੂੰ ਧਿਆਉਂਦਾ ਹੈ।
42700	998	ਨਿਤ ਹਰਿ ਜਪੁ ਜਾਪੈ ਜਪਿ ਹਰਿ ਸੁਖੁ ਪਾਵੈ॥		Nith Har Jap Jaapai Jap Har Sukh Paavai ||	He continually chants the Lord's Chant; meditating on the Lord, one finds peace.	ਉਹ ਮਨੁੱਖ ਸਦਾ ਹਰਿ-ਨਾਮ ਦਾ ਜਾਪ ਜਪਦਾ ਹੈ ਅਤੇ ਹਰਿ-ਨਾਮ ਜਪ ਕੇ ਆਤਮਕ ਆਨੰਦ ਮਾਣਦਾ ਹੈ।
42701	998	ਗੁਰ ਪਰਸਾਦੀ ਹਰਿ ਰਸੁ ਆਵੈ ਜਪਿ ਹਰਿ ਹਰਿ ਪਾਰਿ ਲੰਘਾਈ ਜੀਉ॥੧॥ਰਹਾਉ॥		Gur Parasaadhee Har Ras Aavai Jap Har Har Paar Langhaaee Jeeo ||1|| Rehaao ||	By Guru's Grace, the sublime essence of the Lord is obtained. Meditating on the Lord, Har, Har, one is carried across. ||1||Pause||	ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਨੂੰ ਹਰਿ-ਨਾਮ ਦਾ ਸੁਆਦ ਆਉਂਦਾ ਹੈ ਉਹ ਹਰਿ-ਨਾਮ ਸਦਾ ਜਪ ਕੇ (ਆਪਣੀ ਜੀਵਨ-ਬੇੜੀ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੧॥ ਰਹਾਉ ॥

42702	998	ਨਿਰਭਉ ਨਿਰੰਕਾਰੁ ਸਤਿਨਾਮੁ॥		Nirabho Nirankaar Sath Naam ||	The fearless, formless Lord - the Name is Truth.	ਪਰਮਾਤਮਾ ਨੂੰ ਕਿਸੇ ਦਾ ਡਰ ਨਹੀਂ, ਪਰਮਾਤਮਾ ਦੀ ਕੋਈ ਖ਼ਾਸ ਸ਼ਕਲ ਦੱਸੀ ਨਹੀਂ ਜਾ ਸਕਦੀ, ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ।
42703	998	ਜਗ ਮਹਿ ਸ੍ਰੇਸਟੁ ਊਤਮ ਕਾਮੁ॥		Jag Mehi Sraesatt Ootham Kaam ||	To chant it is the most sublime and exalted activity in this world.	(ਉਸ ਦਾ ਨਾਮ ਜਪਣਾ) ਦੁਨੀਆ ਵਿਚ (ਹੋਰ ਸਾਰੇ ਕੰਮ ਨਾਲੋਂ) ਵਧੀਆ ਤੇ ਚੰਗਾ ਕੰਮ ਹੈ।
42704	998	ਦੁਸਮਨ ਦੂਤਜਮ ਕਾਲੁ ਠੇਹ ਮਾਰਉ ਹਰਿ ਸੇਵਕ ਨੇੜਿ ਨ ਜਾਈ ਜੀਉ॥੨॥		Dhusaman Dhooth Jamakaal Thaeh Maaro Har Saevak Naerr N Jaaee Jeeo ||2||	Doing so, the Messenger of Death, the evil enemy, is killed. Death does not even approach the Lord's servant. ||2||	(ਜਿਹੜਾ ਮਨੁੱਖ ਨਾਮ ਜਪਦਾ ਹੈ ਉਹ) ਵੈਰੀ ਜਮਦੂਤਾਂ ਨੂੰ ਆਤਮਕ ਮੌਤ ਨੂੰ ਜ਼ਰੂਰ ਉੱਕਾ ਹੀ ਮਾਰ ਸਕਦਾ ਹੈ। ਇਹ ਆਤਮਕ ਮੌਤ ਪਰਮਾਤਮਾ ਦੀ ਸੇਵਾ-ਭਗਤੀ ਕਰਨ ਵਾਲਿਆਂ ਦੇ ਨੇੜੇ ਨਹੀਂ ਆਉਂਦੀ ॥੨॥
42705	998	ਜਿਸੁ ਉਪਰਿ ਹਰਿ ਕਾ ਮਨੁ ਮਾਨਿਆ॥		Jis Oupar Har Kaa Man Maaniaa ||	One whose mind is satisfied with the Lord	ਜਿਸ ਸੇਵਕ ਉੱਤੇ ਪਰਮਾਤਮਾ ਪ੍ਰਸੰਨ ਹੁੰਦਾ ਹੈ,
42706	998	ਸੋ ਸੇਵਕੁ ਚਹੁ ਜੁਗ ਚਹੁ ਕੁੰਟ ਜਾਨਿਆ॥		So Saevak Chahu Jug Chahu Kuntt Jaaniaa ||	That servant is known throughout the four ages, in all four directions.	ਉਹ ਸੇਵਕ ਸਦਾ ਲਈ ਸਾਰੇ ਸੰਸਾਰ ਵਿਚ ਸੋਭਾ ਵਾਲਾ ਹੋ ਜਾਂਦਾ ਹੈ।

42707	998	ਜੇ ਉਸ ਕਾ ਬੁਰਾ ਕਹੈ ਕੋਈ ਪਾਪੀ ਤਿਸੁ ਜਮਕੰਕਰੁ ਖਾਈ ਜੀਉ॥੩॥		Jae Ous Kaa Buraa Kehai Koee Paapee This Jamakankar Khaaee Jeeo ||3||	If some sinner speaks evil of him, the Messenger of Death chews him up. ||3||	ਜੇ ਕੋਈ ਮੰਦ-ਕਰਮੀ ਉਸ ਸੇਵਕ ਦੀ ਬਖ਼ੀਲੀ ਕਰੇ, ਉਸ ਨੂੰ ਜਮਦੂਤ ਖਾ ਜਾਂਦਾ ਹੈ। (ਉਹ ਮਨੁੱਖ ਆਤਮਕ ਮੌਤੇ ਮਰ ਜਾਂਦਾ ਹੈ) ॥੩॥
42708	998	ਸਭ ਮਹਿ ਏਕੁ ਨਿਰੰਜਨ ਕਰਤਾ॥		Sabh Mehi Eaek Niranjan Karathaa ||	The One Pure Creator Lord is in all.	(ਸਭ ਜੀਵਾਂ ਵਿਚ ਇਕੋ ਨਿਰਲੇਪ ਕਰਤਾਰ ਵੱਸ ਰਿਹਾ ਹੈ,
42709	998	ਸਭਿ ਕਰਿ ਕਰਿ ਵੇਖੈ ਅਪਣੇ ਚਲਤਾ॥	ਚਲ–ਤਾ: ਪੋਲਾ ਬੋਲੋ ਮਿਲਵਾਂ	Sabh Kar Kar Vaekhai Apanae Chalathaa ||	He stages all His wondrous plays, and watches them.	ਆਪਣੇ ਸਾਰੇ ਚੋਜ-ਤਮਾਸ਼ੇ ਕਰ ਕਰ ਕੇ ਉਹ ਆਪ ਹੀ ਵੇਖ ਰਿਹਾ ਹੈ।
42710	998	ਜਿਸੁ ਹਰਿ ਰਾਖੈ ਤਿਸੁ ਕਉਣੁ ਮਾਰੈ ਜਿਸੁ ਕਰਤਾ ਆਪਿ ਛਡਾਈ ਜੀਉ ॥੪॥		Jis Har Raakhai This Koun Maarai Jis Karathaa Aap Shhaddaaee Jeeo ||4||	Who can kill that person, whom the Lord has saved? The Creator Lord Himself delivers him. ||4||	ਕਰਤਾਰ ਜਿਸ ਮਨੁੱਖ ਦੀ ਆਪ ਰੱਖਿਆ ਕਰਦਾ ਹੈ, ਕਰਤਾਰ ਜਿਸ ਨੂੰ ਆਪ ਬਚਾਂਦਾ ਹੈ ਉਸ ਨੂੰ ਕੋਈ ਮਾਰ ਨਹੀਂ ਸਕਦਾ ॥੪॥
42711	998	ਹਉ ਅਨ ਦਿਨੁ ਨਾਮੁ ਲਈ ਕਰਤਾਰੇ॥		Ho Anadhin Naam Lee Karathaarae ||	I chant the Name of the Creator Lord, night and day.	ਮੈਂ ਹਰ ਵੇਲੇ (ਉਸ) ਕਰਤਾਰ ਦਾ ਨਾਮ ਜਪਦਾ ਹਾਂ,

42712	998	ਜਿਨਿ ਸੇਵਕ ਭਗਤ ਸਭੇ ਨਿਸਤਾਰੇ॥		Jin Saevak Bhagath Sabhae Nisathaarae ||	He saves all His servants and devotees.	ਜਿਸ ਨੇ ਆਪਣੇ ਸਾਰੇ ਸੇਵਕ-ਭਗਤ ਸੰਸਾਰ-ਸਮੁੰਦਰ ਤੋਂ (ਸਦਾ ਹੀ) ਪਾਰ ਲੰਘਾਏ ਹਨ।
42713	998	ਦਸ ਅਠ ਚਾਰਿ ਵੇਦ ਸਭਿ ਪੂਛਹੁ ਜਨ ਨਾਨਕ ਨਾਮੁ ਛਡਾਈ ਜੀਉ॥੫॥੨॥੮॥		Dhas Ath Chaar Vaedh Sabh Pooshhahu Jan Naanak Naam Shhaddaaee Jeeo ||5||2||8||	Consult the eighteen Puraanas and the four Vedas; O servant Nanak, only the Naam, the Name of the Lord, will deliver you. ||5||2||8||	ਹੇ ਦਾਸ ਨਾਨਕ! ਅਠਾਰਾਂ ਪੁਰਾਣ ਚਾਰ ਵੇਦ (ਆਦਿਕ ਧਰਮ-ਪੁਸਤਕਾਂ) ਨੂੰ ਪੁੱਛ ਵੇਖੋ (ਉਹ ਭੀ ਇਹੀ ਆਖਦੇ ਹਨ ਕਿ) ਪਰਮਾਤਮਾ ਦਾ ਨਾਮ ਹੀ ਜੀਵ ਨੂੰ ਬਚਾਂਦਾ ਹੈ ॥੫॥੨॥੮॥
42714	998	ਮਾਰੂ ਮਹਲਾ ੫ ਘਰੁ ੨		Maaroo Mehalaa 5 Ghar 2	Maaroo, Fifth Mehl, Second House:	ਰਾਗ ਮਾਰੂ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
42715	998	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
42716	998	ਡਰਪੈ ਧਰਤਿ ਅਕਾਸੁ ਨਖ੍ਯਤ੍ਰਾ ਸਿਰ ਊਪਰਿ ਅਮਰੁ ਕਰਾਰਾ॥	ਨਖਿਅੱਤ੍ਰਾ	Ddarapai Dhharath Akaas Nakhyathraa Sir Oopar Amar Karaaraa ||	The earth, the Akaashic ethers and the stars abide in the Fear of God. The almighty Order of the Lord is over the heads of all.	ਧਰਤੀ, ਆਕਾਸ਼, ਤਾਰੇ-ਇਹਨਾਂ ਸਭਨਾਂ ਦੇ ਸਿਰ ਉੱਤੇ ਪਰਮਾਤਮਾ ਦਾ ਕਰੜਾ ਹੁਕਮ ਚੱਲ ਰਿਹਾ ਹੈ (ਇਹਨਾਂ ਵਿਚੋਂ ਕੋਈ ਭੀ) ਰਜ਼ਾ ਤੋਂ ਆਕੀ ਨਹੀਂ ਹੋ ਸਕਦਾ।

42717	998	ਪਉਣੁ ਪਾਣੀ ਬੈਸੰਤਰੁ ਡਰਪੈ ਡਰਪੈ ਇੰਦ੍ਰੁ ਬਿਚਾਰਾ॥੧॥		Poun Paanee Baisanthar Ddarapai Ddarapai Eindhra Bichaaraa ||1||	Wind, water and fire abide in the Fear of God; poor Indra abides in the Fear of God as well. ||1||	ਹਵਾ, ਪਾਣੀ, ਅੱਗ (ਆਦਿਕ ਹਰੇਕ ਤੱਤ) ਰਜ਼ਾ ਵਿਚ ਤੁਰ ਰਿਹਾ ਹੈ। ਨਿਮਾਣਾ ਇੰਦਰ (ਭੀ) ਪ੍ਰਭੂ ਦੇ ਹੁਕਮ ਵਿਚ ਤੁਰ ਰਿਹਾ ਹੈ (ਭਾਵੇਂ ਲੋਕਾਂ ਦੇ ਖ਼ਿਆਲ ਅਨੁਸਾਰ ਉਹ ਸਾਰੇ ਦੇਵਤਿਆਂ ਦਾ ਰਾਜਾ ਹੈ) ॥੧॥
42718	998	ਏਕਾ ਨਿਰਭਉ ਬਾਤ ਸੁਨੀ॥		Eaekaa Nirabho Baath Sunee ||	I have heard one thing, that the One Lord alone is fearless.	(ਅਸਾਂ) ਇੱਕੋ ਗੱਲ ਸੁਣੀ ਹੋਈ ਹੈ ਜੋ ਮਨੁੱਖ ਨੂੰ ਡਰਾਂ ਤੋਂ ਰਹਿਤ ਕਰ ਦੇਂਦੀ ਹੈ,
42719	998	ਸੋ ਸੁਖੀਆ ਸੋ ਸਦਾ ਸੁਹੇਲਾ ਜੋ ਗੁਰ ਮਿਲਿ ਗਾਇ ਗੁਨੀ॥੧॥ਰਹਾਉ॥		So Sukheeaa So Sadhaa Suhaelaa Jo Gur Mil Gaae Gunee ||1|| Rehaao ||	He alone is at peace, and he alone is embellished forever, who meets with the Guru, and sings the Glorious Praises of the Lord. ||1||Pause||	(ਉਹ ਇਹ ਹੈ ਕਿ) ਜਿਹੜਾ ਮਨੁੱਖ ਗੁਰੂ ਨੂੰ ਮਿਲ ਕੇ ਪਰਮਾਤਮਾ ਦੇ ਗੁਣ ਗਾਂਦਾ ਹੈ (ਅਤੇ ਰਜ਼ਾ ਅਨੁਸਾਰ ਜੀਊਣਾ ਸਿੱਖ ਲੈਂਦਾ ਹੈ) ਉਹ ਸੁਖੀ ਜੀਵਨ ਵਾਲਾ ਹੈ ਉਹ ਸਦਾ ਸੌਖਾ ਰਹਿੰਦਾ ਹੈ ॥੧॥ ਰਹਾਉ ॥
42720	998	ਦੇਹਧਾਰ ਅਰੁ ਦੇਵਾ ਡਰਪਹਿ ਸਿਧ ਸਾਧਿਕ ਡਰਿ ਮੁਇਆ॥	ਡਰਪ-ਹਿ	Dhaehadhhaar Ar Dhaevaa Ddarapehi Sidhh Saadhhik Ddar Mueiaa ||	The embodied and the divine beings abide in the Fear of God. The Siddhas and seekers die in the Fear of God.	ਸਾਰੇ ਜੀਵ ਅਤੇ ਦੇਵਤੇ ਹੁਕਮ ਵਿਚ ਤੁਰ ਰਹੇ ਹਨ, ਸਿੱਧ ਅਤੇ ਸਾਧਿਕ ਭੀ (ਹੁਕਮ ਅੱਗੇ) ਥਰ ਥਰ ਕੰਬਦੇ ਹਨ।

42721	998	ਲਖ ਚਉਰਾਸੀਹ ਮਰਿ ਮਰਿ ਜਨਮੇ ਫਿਰਿ ਫਿਰਿ ਜੋਨੀ ਜੋਇਆ॥੨॥		Lakh Chouraaseeh Mar Mar Janamae Fir Fir Jonee Joeiaa ||2||	The 8.4 millions species of beings die, and die again, and are born over and over again. They are consigned to reincarnation. ||2||	ਚੌਰਾਸੀ ਲੱਖ ਜੂਨਾਂ ਦੇ ਸਾਰੇ ਜੀਵ (ਜੋ ਰਜ਼ਾ ਵਿਚ ਨਹੀਂ ਤੁਰਦੇ) ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ, ਮੁੜ ਮੁੜ ਜੂਨਾਂ ਵਿਚ ਪਾਏ ਜਾਂਦੇ ਹਨ ॥੨॥
42722	999	ਰਾਜਸੁ ਸਾਤਕੁ ਤਾਮਸੁ ਡਰਪਹਿ ਕੇਤੇ ਰੂਪ ਉਪਾਇਆ॥		Raajas Saathak Thaamas Ddarapehi Kaethae Roop Oupaaeiaa ||	Those who embody the energies of sattva-white light, raajas-red passion, and taamas-black darkness, abide in the Fear of God, along with the many created forms.	ਪਰਮਾਤਮਾ ਨੇ ਬੇਅੰਤ ਜੀਵ ਪੈਦਾ ਕੀਤੇ ਹਨ ਜੋ ਰਜੋ ਸਤੋ ਤਮੋ (ਇਹਨਾਂ ਤਿੰਨ ਗੁਣਾਂ ਵਿਚ ਵਰਤ ਰਹੇ ਹਨ, ਇਹ ਸਾਰੇ ਉਸ ਦੇ) ਹੁਕਮ ਵਿਚ ਹੀ ਕਾਰ ਕਰ ਰਹੇ ਹਨ।
42723	999	ਛਲ ਬਪੁਰੀ ਇਹ ਕਉਲਾ ਡਰਪੈ ਅਤਿ ਡਰਪੈ ਧਰਮਰਾਇਆ॥੩॥	(ਕਉਲਾ) ਲੱਛਮੀ। ਛਲ ਕਉਲਾ: ਪੋਲੇ ਬੋਲੋ	Shhal Bapuree Eih Koulaa Ddarapai Ath Ddarapai Dhharam Raaeiaa ||3||	This miserable deceiver Maya abides in the Fear of God; the Righteous Judge of Dharma is utterly afraid of Him as well. ||3||	(ਦੁਨੀਆ ਦੇ ਸਾਰੇ ਜੀਵਾਂ ਵਾਸਤੇ) ਛਲ (ਬਣੀ ਹੋਈ) ਇਹ ਵਿਚਾਰੀ ਲੱਛਮੀ ਭੀ ਰਜ਼ਾ ਵਿਚ ਤੁਰ ਰਹੀ ਹੈ, ਧਰਮਰਾਜ ਭੀ ਹੁਕਮ ਅੱਗੇ ਥਰ ਥਰ ਕੰਬਦਾ ਹੈ ॥੩॥

42724	999	ਸਗਲ ਸਮਗ੍ਰੀ ਡਰਹਿ ਬਿਆਪੀ ਬਿਨੁ ਡਰ ਕਰਣੈਹਾਰਾ॥	ਸਮੱਗ੍ਰੀ	Sagal Samagree Ddarehi Biaapee Bin Ddar Karanaihaaraa ||	The entire expanse of the Universe is in the Fear of God; only the Creator Lord is without this Fear.	ਦੁਨੀਆ ਦੀ ਸਮੱਗ੍ਰੀ ਰਜ਼ਾ ਵਿਚ ਬੱਝੀ ਹੋਈ ਹੈ, ਇੱਕ ਸਿਰਜਣਹਾਰ ਪ੍ਰਭੂ ਹੀ ਹੈ ਜਿਸ ਉਤੇ ਕਿਸੇ ਦਾ ਡਰ ਨਹੀਂ।
42725	999	ਕਹੁ ਨਾਨਕ ਭਗਤਨ ਕਾ ਸੰਗੀ ਭਗਤ ਸੋਹਹਿ ਦਰਬਾਰਾ॥੪॥੧॥	ਸੋਹ-ਹਿ	Kahu Naanak Bhagathan Kaa Sangee Bhagath Sohehi Dharabaaraa ||4||1||	Says Nanak, God is the companion of His devotees; His devotees look beautiful in the Court of the Lord. ||4||1||	ਨਾਨਕ ਆਖਦਾ ਹੈ- ਪਰਮਾਤਮਾ ਆਪਣੇ ਭਗਤਾਂ ਦਾ ਸਹਾਈ ਹੈ, ਭਗਤ ਉਸ ਦੇ ਦਰਬਾਰ ਵਿਚ ਸਦਾ ਸੋਭਾ ਪਾਂਦੇ ਹਨ ॥੪॥੧॥
42726	999	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
42727	999	ਪਾਂਚ ਬਰਖ ਕੋ ਅਨਾਥੁ ਧ੍ਰੂ ਬਾਰਿਕੁ ਹਰਿ ਸਿਮਰਤ ਅਮਰ ਅਟਾਰੇ॥		Paanch Barakh Ko Anaathh Dhhroo Baarik Har Simarath Amar Attaarae ||	The five year old orphan boy Dhroo, by meditating in remembrance on the Lord, became stationary and permanent.	ਧ੍ਰੂ ਪੰਜ ਸਾਲਾਂ ਦੀ ਉਮਰ ਦਾ ਇੱਕ ਅਨਾਥ ਜਿਹਾ ਬੱਚਾ ਸੀ। ਹਰਿ-ਨਾਮ ਸਿਮਰਦਿਆਂ ਉਸ ਨੇ ਅਟੱਲ ਪਦਵੀ ਪ੍ਰਾਪਤ ਕਰ ਲਈ।
42728	999	ਪੁਤ੍ਰ ਹੇਤਿ ਨਾਰਾਇਣੁ ਕਹਿਓ ਜਮਕੰਕਰ ਮਾਰਿ ਬਿਦਾਰੇ॥੧॥		Puthr Haeth Naaraaein Kehiou Jamakankar Maar Bidhaarae ||1||	For the sake of his son, Ajaamal called out, ""O Lord, Naaraayan"", who struck down and killed the Messenger of Death. ||1||	(ਅਜਾਮਲ ਆਪਣੇ) ਪੁੱਤਰ ਨੂੰ (ਵਾਜ ਮਾਰਨ) ਦੀ ਖ਼ਾਤਰ 'ਨਾਰਾਇਣ, ਨਾਰਾਇਣ' ਆਖਿਆ ਕਰਦਾ ਸੀ, ਉਸ ਨੇ ਜਮਦੂਤਾਂ ਨੂੰ ਮਾਰ ਕੇ ਭਜਾ ਦਿੱਤਾ ॥੧॥

42729	999	ਮੇਰੇ ਠਾਕੁਰ ਕੇਤੇ ਅਗਨਤ ਉਧਾਰੇ॥	ਅ-ਗਨਤ	Maerae Thaakur Kaethae Aganath Oudhhaarae ||	My Lord and Master has saved many, countless beings.	ਹੇ ਮੇਰੇ ਠਾਕੁਰ! ਕਿਤਨੇ ਹੀ ਬੇਅੰਤ ਜੀਵ ਤੂੰ ਬਚਾ ਰਿਹਾ ਹੈਂ।
42730	999	ਮੋਹਿ ਦੀਨ ਅਲਪ ਮਤਿ ਨਿਰਗੁਣ ਪਰਿਓ ਸਰਣਿ ਦੁਆਰੇ॥੧॥ਰਹਾਉ॥		Mohi Dheen Alap Math Niragun Pariou Saran Dhuaarae ||1|| Rehaao ||	I am meek, with little or no understanding, and unworthy; I seek protection at the Lord's Door. ||1||Pause||	ਮੈਂ ਨਿਮਾਣਾ ਹਾਂ, ਥੋੜੀ ਅਕਲ ਵਾਲਾ ਹਾਂ, ਗੁਣ-ਹੀਨ ਹਾਂ। ਮੈਂ ਤੇਰੀ ਸਰਨ ਆਇਆ ਹਾਂ, ਮੈਂ ਤੇਰੇ ਦਰ ਤੇ ਆ ਡਿੱਗਾ ਹਾਂ ॥੧॥ ਰਹਾਉ ॥
42731	999	ਬਾਲਮੀਕੁ ਸੁਪਚਾਰੋ ਤਰਿਓ ਬਧਿਕ ਤਰੇ ਬਿਚਾਰੇ॥	(ਸੁਪਚਾਰੋ) ਚੰਡਾਲ। ਬੱਧਿਕ	Baalameek Supachaaro Thariou Badhhik Tharae Bichaarae ||	Baalmeek the outcaste was saved, and the poor hunter was saved as well.	(ਨਾਮ ਸਿਮਰਨ ਦੀ ਬਰਕਤਿ ਨਾਲ) ਬਾਲਮੀਕ ਚੰਡਾਲ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਗਿਆ, ਵਿਚਾਰੇ ਸ਼ਿਕਾਰੀ ਵਰਗੇ ਭੀ ਤਰ ਗਏ।
42732	999	ਏਕ ਨਿਮਖ ਮਨ ਮਾਹਿ ਅਰਾਧਿਓ ਗਜਪਤਿ ਪਾਰਿ ਉਤਾਰੇ॥੨॥	ਗਜਪਤਿ:ਪੋਲਾ ਬੋਲੋ। (ਗਜਪਤਿ)ਹਾਥੀ	Eaek Nimakh Man Maahi Araadhhiou Gajapath Paar Outhaarae ||2||	The elephant remembered the Lord in his mind for an instant, and so was carried across. ||2||	ਅੱਖ ਝਮਕਣ ਜਿਤਨੇ ਸਮੇ ਲਈ ਹੀ ਗਜ ਨੇ ਆਪਣੇ ਮਨ ਵਿਚ ਆਰਾਧਨਾ ਕੀਤੀ ਤੇ ਉਸ ਨੂੰ ਪ੍ਰਭੂ ਨੇ ਪਾਰ ਲੰਘਾ ਦਿੱਤਾ ॥੨॥
42733	999	ਕੀਨੀ ਰਖਿਆ ਭਗਤ ਪ੍ਰਹਿਲਾਦੈ ਹਰਨਾਖਸ ਨਖਹਿ ਬਿਦਾਰੇ॥	ਪ੍ਰ-ਹਿਲਾਦੈ	Keenee Rakhiaa Bhagath Prehilaadhai Haranaakhas Nakhehi Bidhaarae ||	He saved His devotee Prahlaad, and tore Harnaakhash with his nails.	ਪਰਮਾਤਮਾ ਨੇ (ਆਪਣੇ) ਭਗਤ ਪ੍ਰਹਿਲਾਦ ਦੀ ਰੱਖਿਆ ਕੀਤੀ, (ਉਸ ਦੇ ਪਿਉ) ਹਰਨਾਖਸ਼ ਨੂੰ ਨਹੁੰਆਂ ਨਾਲ ਚੀਰ ਦਿੱਤਾ।

42734	999	ਬਿਦਰੁ ਦਾਸੀ ਸੁਤੁ ਭਇਓ ਪੁਨੀਤਾ ਸਗਲੇ ਕੁਲ ਉਜਾਰੇ॥੩॥		Bidhar Dhaasee Suth Bhaeiou Puneethaa Sagalae Kul Oujaarae ||3||	Bidar, the son of a slave-girl, was purified, and all his generations were redeemed. ||3||	ਦਾਸੀ ਦਾ ਪੁੱਤਰ ਬਿਦਰ (ਪਰਮਾਤਮਾ ਦੀ ਕਿਰਪਾ ਨਾਲ) ਪਵਿੱਤਰ (ਜੀਵਨ ਵਾਲਾ) ਹੋ ਗਿਆ, ਉਸ ਨੇ ਆਪਣੀਆਂ ਸਾਰੀਆਂ ਕੁਲਾਂ ਰੌਸ਼ਨ ਕਰ ਲਈਆਂ ॥੩॥
42735	999	ਕਵਨ ਪਰਾਧ ਬਤਾਵਉ ਅਪੁਨੇ ਮਿਥਿਆ ਮੋਹ ਮਗਨਾਰੇ॥		Kavan Paraadhh Bathaavo Apunae Mithhiaa Moh Maganaarae ||	What sins of mine should I speak of? I am intoxicated with false emotional attachment.	ਹੇ ਹਰੀ! ਆਪਣੇ ਕਿਹੜੇ ਕਿਹੜੇ ਅਪਰਾਧ ਦੱਸਾਂ? ਮੈਂ ਤਾਂ ਨਾਸਵੰਤ ਪਦਾਰਥਾਂ ਦੇ ਮੋਹ ਵਿਚ ਡੁੱਬਾ ਰਹਿੰਦਾ ਹਾਂ।
42736	999	ਆਇਓ ਸਾਮ ਨਾਨਕ ਓਟ ਹਰਿ ਕੀ ਲੀਜੈ ਭੁਜਾ ਪਸਾਰੇ ॥੪॥੨॥		Aaeiou Saam Naanak Outt Har Kee Leejai Bhujaa Pasaarae ||4||2||	Nanak has entered the Sanctuary of the Lord; please, reach out and take me into Your embrace. ||4||2||	ਹੇ ਪ੍ਰਭੂ! ਮੈਂ ਨਾਨਕ ਤੇਰੀ ਸਰਨ ਆਇਆ ਹਾਂ, ਮੈਂ ਤੇਰੀ ਓਟ ਫੜੀ ਹੈ। ਮੈਨੂੰ ਆਪਣੀ ਬਾਂਹ ਪਸਾਰ ਕੇ ਫੜ ਲੈ ॥੪॥੨॥
42737	999	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
42738	999	ਵਿਤ ਨਵਿਤ ਭ੍ਰਮਿਓ ਬਹੁ ਭਾਤੀ ਅਨਿਕ ਜਤਨ ਕਰਿ ਧਾਏ॥		Vith Navith Bhramiou Bahu Bhaathee Anik Jathan Kar Dhhaaeae ||	For the sake of riches, I wandered around in so many ways; I rushed around, making all sorts of efforts.	ਜਿਹੜਾ ਮਨੁੱਖ ਧਨ ਦੀ ਖ਼ਾਤਰ (ਹੀ) ਕਈ ਤਰ੍ਹਾਂ ਭਟਕਦਾ ਰਿਹਾ, (ਧਨ ਦੀ ਖ਼ਾਤਰ) ਅਨੇਕਾਂ ਜਤਨ ਕਰ ਕੇ ਦੌੜ-ਭੱਜ ਕਰਦਾ ਰਿਹਾ;

42739	999	ਜੋ ਜੋ ਕਰਮ ਕੀਏ ਹਉ ਹਉਮੈ ਤੇ ਤੇ ਭਏ ਅਜਾਏ॥੧॥	(ਅਜਾਏ) ਬੇਅਰਥ	Jo Jo Karam Keeeae Ho Houmai Thae Thae Bheae Ajaaeae ||1||	The deeds I did in egotism and pride, have all been done in vain. ||1||	'ਮੈਂ ਮੈਂ' ਦੇ ਆਸਰੇ ਉਹ ਜਿਹੜੇ ਜਿਹੜੇ ਕੰਮ ਕਰਦਾ ਰਿਹਾ, ਉਹ ਸਾਰੇ ਹੀ ਵਿਅਰਥ ਚਲੇ ਗਏ ॥੧॥
42740	999	ਅਵਰ ਦਿਨ ਕਾਹੂ ਕਾਜ ਨ ਲਾਏ॥		Avar Dhin Kaahoo Kaaj N Laaeae ||	Other days are of no use to me;	ਹੇ ਪ੍ਰਭੂ ਜੀ! (ਜ਼ਿੰਦਗੀ ਦੇ) ਦਿਨਾਂ ਵਿਚ ਮੈਨੂੰ ਹੋਰ ਹੋਰ ਕੰਮਾਂ ਵਿਚ ਨਾਹ ਲਾਈ ਰੱਖ।
42741	999	ਸੋ ਦਿਨੁ ਮੋਕਉ ਦੀਜੈ ਪ੍ਰਭ ਜੀਉ ਜਾ ਦਿਨ ਹਰਿ ਜਸੁ ਗਾਏ॥੧॥ਰਹਾਉ॥		So Dhin Mo Ko Dheejai Prabh Jeeo Jaa Dhin Har Jas Gaaeae ||1|| Rehaao ||	Please bless me with those days, O Dear God, on which I may sing the Lord's Praises. ||1||Pause||	ਮੈਨੂੰ ਉਹ ਦਿਨ ਦੇਹ, ਜਿਸ ਦਿਨ ਮੈਂ ਤੇਰੀ ਸਿਫ਼ਤ-ਸਾਲਾਹ ਦਾ ਗੀਤ ਗਾਂਦਾ ਰਹਾਂ ॥੧॥ ਰਹਾਉ ॥
42742	999	ਪੁਤ੍ਰ ਕਲਤ੍ਰ ਗ੍ਰਿਹ ਦੇਖਿ ਪਸਾਰਾ ਇਸ ਹੀ ਮਹਿ ਉਰਝਾਏ॥	ਕ-ਲੱਤ੍ਰ	Puthr Kalathr Grih Dhaekh Pasaaraa Eis Hee Mehi Ourajhaaeae ||	Gazing upon children, spouse, household and possessions, one is entangled in these.	ਪੁੱਤਰ ਇਸਤ੍ਰੀ ਘਰ ਦਾ ਖਿਲਾਰਾ ਵੇਖ ਕੇ ਜੀਵ ਇਸ (ਖਿਲਾਰੇ) ਵਿਚ ਹੀ ਰੁੱਝੇ ਰਹਿੰਦੇ ਹਨ।
42743	999	ਮਾਇਆ ਮਦ ਚਾਖਿ ਭਏ ਉਦਮਾਤੇ ਹਰਿ ਹਰਿ ਕਬਹੁ ਨ ਗਾਏ॥੨॥	ਉਦਮਾਤੇਕਮਲੇ	Maaeiaa Madh Chaakh Bheae Oudhamaathae Har Har Kabahu N Gaaeae ||2||	Tasting the wine of Maya, one is intoxicated, and never sings of the Lord, Har, Har. ||2||	ਮਾਇਆ ਦਾ ਨਸ਼ਾ ਚੱਖ ਕੇ ਮਸਤ ਰਹਿੰਦੇ ਹਨ, ਕਦੇ ਭੀ ਪਰਮਾਤਮਾ ਦੇ ਗੁਣ ਨਹੀਂ ਗਾਂਦੇ ॥੨॥

42744	999	ਇਹ ਬਿਧਿ ਖੋਜੀ ਬਹੁ ਪਰਕਾਰਾ ਬਿਨੁ ਸੰਤਨ ਨਹੀ ਪਾਏ॥		Eih Bidhh Khojee Bahu Parakaaraa Bin Santhan Nehee Paaeae ||	In this way, I have examined lots of methods, but without the Saints, it is not found.	ਇਸ ਤਰ੍ਹਾਂ ਕਈ ਕਿਸਮ ਦੀ ਖੋਜ ਕਰ ਵੇਖੀ ਹੈ (ਸਭ ਮਾਇਆ ਵਿਚ ਹੀ ਪਰਵਿਰਤ ਦਿੱਸਦੇ ਹਨ)। ਸੋ, ਸੰਤ ਜਨਾਂ ਤੋਂ ਬਿਨਾ (ਕਿਸੇ ਹੋਰ ਥਾਂ) ਪਰਮਾਤਮਾ ਦੀ ਪ੍ਰਾਪਤੀ ਨਹੀਂ ਹੈ।
42745	999	ਤੁਮ ਦਾਤਾਰ ਵਡੇ ਪ੍ਰਭ ਸੰਮ੍ਰਥ ਮਾਗਨ ਕਉ ਦਾਨੁ ਆਏ॥੩॥		Thum Dhaathaar Vaddae Prabh Sanmrathh Maagan Ko Dhaan Aaeae ||3||	You are the Great Giver, the great and almighty God; I have come to beg a gift from You. ||3||	ਹੇ ਪ੍ਰਭੂ! ਤੂੰ ਸਭ ਦਾਤਾਂ ਦੇਣ ਵਾਲਾ ਹੈਂ, ਤੂੰ ਸਭ ਤਾਕਤਾਂ ਦਾ ਮਾਲਕ ਹੈਂ। (ਮੈਂ ਤੇਰੇ ਦਰ ਤੋਂ ਤੇਰੇ ਨਾਮ ਦਾ) ਦਾਨ ਮੰਗਣ ਆਇਆ ਹਾਂ ॥੩॥
42746	999	ਤਿਆਗਿਓ ਸਗਲਾ ਮਾਨੁ ਮਹਤਾ ਦਾਸ ਰੇਣ ਸਰਣਾਏ॥	ਮ-ਹੱਤਾ	Thiaagiou Sagalaa Maan Mehathaa Dhaas Raen Saranaaeae ||	Abandoning all pride and self-importance, I have sought the Sanctuary of the dust of the feet of the Lord's slave.	ਮੈਂ ਸਾਰਾ ਮਾਣ ਸਾਰੀ ਵਡਿਆਈ ਛੱਡ ਦਿੱਤੀ ਹੈ। ਮੈਂ ਉਹਨਾਂ ਦਾਸਾਂ ਦੀ ਚਰਨ-ਧੂੜ ਮੰਗਦਾ ਹਾਂ, ਮੈਂ ਉਹਨਾਂ ਦਾਸਾਂ ਦੀ ਸਰਨ ਆਇਆ ਹਾਂ,
42747	999	ਕਹੁ ਨਾਨਕ ਹਰਿ ਮਿਲਿ ਭਏ ਏਕੈ ਮਹਾ ਅਨੰਦ ਸੁਖ ਪਾਏ॥੪॥੩॥		Kahu Naanak Har Mil Bheae Eaekai Mehaa Anandh Sukh Paaeae ||4||3||	Says Nanak, meeting with the Lord, I have become one with Him; I have found supreme bliss and peace. ||4||3||	ਨਾਨਕ ਆਖਦਾ ਹੈ- ਜਿਹੜੇ ਪ੍ਰਭੂ ਨੂੰ ਮਿਲ ਕੇ ਪ੍ਰਭੂ ਨਾਲ ਇੱਕ-ਰੂਪ ਹੋ ਗਏ ਹਨ। ਉਹਨਾਂ ਦੀ ਸਰਨ ਵਿਚ ਹੀ ਵੱਡਾ ਸੁਖ ਵੱਡਾ ਆਨੰਦ ਮਿਲਦਾ ਹੈ ॥੪॥੩॥
42748	999	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	

42749	999	ਕਵਨ ਥਾਨ ਧੀਰਿਓ ਹੈ ਨਾਮਾ ਕਵਨ ਬਸਤੁ ਅਹੰਕਾਰਾ॥	ਅਹੰ-ਕਾਰਾ	Kavan Thhaan Dhheeriou Hai Naamaa Kavan Basath Ahankaaraa ||	In what place is the Name established? Where does egotism dwell?	(ਤੇਰਾ ਉਹ) ਨਾਮ (ਤੇਰੇ ਅੰਦਰ) ਕਿੱਥੇ ਟਿਕਿਆ ਹੋਇਆ ਹੈ (ਜਿਸ ਨੂੰ ਲੈ ਲੈ ਕੇ ਕੋਈ ਤੈਨੂੰ ਗਾਲ੍ਹ ਕੱਢਦਾ ਹੈ?) ਉਹ ਅਹੰਕਾਰ ਕੀਹ ਚੀਜ਼ ਹੈ (ਜਿਸ ਨਾਲ ਤੂੰ ਆਫਰਿਆ ਫਿਰਦਾ ਹੈਂ)?
42750	999	ਕਵਨ ਚਿਹਨ ਸੁਨਿ ਊਪਰਿ ਛੋਹਿਓ ਮੁਖ ਤੇ ਸੁਨਿ ਕਰਿ ਗਾਰਾ ॥੧॥		Kavan Chihan Sun Oopar Shhohiou Mukh Thae Sun Kar Gaaraa ||1||	What injury have you suffered, listening to abuse from someone else's mouth? ||1||	ਸੁਣ, ਤੈਨੂੰ ਉਹ ਕਿਹੜੇ ਫੱਟ ਲੱਗੇ ਹਨ ਕਿਸੇ ਦੇ ਮੂੰਹੋਂ ਗੱਲਾਂ ਸੁਣ ਕੇ, ਜਿਸ ਕਰਕੇ ਤੂੰ ਕ੍ਰੋਧਵਾਨ ਹੋ ਜਾਂਦਾ ਹੈਂ? ॥੧॥
42751	999	ਸੁਨਹੁ ਰੇ ਤੂ ਕਉਨੁ ਕਹਾ ਤੇ ਆਇਓ॥	ਕਹਾਂ	Sunahu Rae Thoo Koun Kehaa Thae Aaeiou ||	Listen: who are you, and where did you come from?	ਸੁਣ (ਵਿਚਾਰ ਕਿ) ਤੂੰ ਕੌਣ ਹੈਂ? (ਤੇਰਾ ਅਸਲਾ ਕੀਹ ਹੈ?), ਤੂੰ ਕਿਥੋਂ (ਇਸ ਜਗਤ ਵਿਚ) ਆਇਆ ਹੈਂ?
42752	999	ਏਤੀ ਨ ਜਾਨਉ ਕੇਤੀਕ ਮੁਦਤਿ ਚਲਤੇ ਖਬਰਿ ਨ ਪਾਇਓ॥੧॥ਰਹਾਉ॥	ਕੇਤੀ-ਕ	Eaethee N Jaano Kaetheek Mudhath Chalathae Khabar N Paaeiou ||1|| Rehaao ||	You don't even know how long you will stay here; you have no hint of when you shall leave. ||1||Pause||	ਮੈਂ ਤਾਂ ਇਤਨੀ ਗੱਲ ਭੀ ਨਹੀਂ ਜਾਣਦਾ (ਕਿ ਜੀਵ ਨੂੰ ਅਨੇਕਾਂ ਜੂਨਾਂ ਵਿਚ) ਤੁਰਦਿਆਂ ਕਿਤਨਾ ਸਮਾ ਲੱਗ ਜਾਂਦਾ ਹੈ। ਕਿਸੇ ਨੂੰ ਭੀ ਇਹ ਖ਼ਬਰ ਨਹੀਂ ਮਿਲ ਸਕਦੀ। (ਫਿਰ, ਦੱਸ, ਆਪਣੇ ਉੱਤੇ ਮਾਣ ਕਾਹਦਾ?) ॥੧॥ ਰਹਾਉ ॥

42753	999	ਸਹਨ ਸੀਲ ਪਵਨ ਅਰੁ ਪਾਣੀ ਬਸੁਧਾ ਖਿਮਾ ਨਿਭਰਾਤੇ॥	ਬਸੁ-ਧਾ: ਪੋਲਾ ਬੋਲੋ। ਨਿ-ਭਰਾਤੇ	Sehan Seel Pavan Ar Paanee Basudhhaa Khimaa Nibharaathae ||	Wind and water have patience and tolerance; the earth has compassion and forgiveness, no doubt.	ਹਵਾ ਅਤੇ ਪਾਣੀ (ਇਹ ਦੋਵੇਂ ਤੱਤ) ਸਹਾਰ ਸਕਣ ਦੇ ਸੁਭਾਉ ਵਾਲੇ ਹਨ। ਧਰਤੀ ਤਾਂ ਨਿਰਸੰਦੇਹ ਖਿਮਾ-ਰੂਪ ਹੀ ਹੈ।
42754	999	ਪੰਚ ਤਤ ਮਿਲਿ ਭਇਓ ਸੰਜੋਗਾ ਇਨ ਮਹਿ ਕਵਨ ਦੁਰਾਤੇ॥੨॥		Panch Thath Mil Bhaeiou Sanjogaa Ein Mehi Kavan Dhuraathae ||2||	The union of the five tattvas - the five elements - has brought you into being. Which of these is evil? ||2||	ਪੰਜ ਤੱਤ ਮਿਲ ਕੇ (ਮਨੁੱਖ ਦਾ) ਸਰੀਰ ਬਣਦਾ ਹੈ। ਇਹਨਾਂ ਪੰਜਾਂ ਤੱਤਾਂ ਵਿਚੋਂ ਭੈੜ ਕਿਸ ਵਿਚ ਹੈ? ॥੨॥
42755	999	ਜਿਨਿ ਰਚਿ ਰਚਿਆ ਪੁਰਖਿ ਬਿਧਾਤੈ ਨਾਲੇ ਹਉਮੈ ਪਾਈ॥		Jin Rach Rachiaa Purakh Bidhhaathai Naalae Houmai Paaee ||	The Primal Lord, the Architect of Destiny, formed your form; He also burdened you with egotism.	(ਪਰ ਜੀਵਾਂ ਦੇ ਭੀ ਕੀਹ ਵੱਸ?) ਜਿਸ ਸਿਰਜਣਹਾਰ ਕਰਤਾਰ ਨੇ ਇਹ ਰਚਨਾ ਰਚੀ ਹੈ, ਉਸ ਨੇ (ਸਰੀਰ ਬਣਾਣ ਵੇਲੇ) ਹਉਮੈ ਭੀ ਨਾਲ ਹੀ (ਹਰੇਕ ਦੇ ਅੰਦਰ) ਪਾ ਦਿੱਤੀ ਹੈ।
42756	999	ਜਨਮ ਮਰਣ ਉਸ ਹੀ ਕਉ ਹੈ ਰੇ ਓਹਾ ਆਵੈ ਜਾਈ॥੩॥		Janam Maran Ous Hee Ko Hai Rae Ouhaa Aavai Jaaee ||3||	He alone is born and dies; He alone comes and goes. ||3||	ਉਸ (ਹਉਮੈ) ਨੂੰ ਹੀ ਜਨਮ ਮਰਨ (ਦਾ ਗੇੜ) ਹੈ, ਉਹ ਹਉਮੈ ਹੀ ਜੰਮਦੀ ਮਰਦੀ ਹੈ (ਭਾਵ, ਉਸ ਹਉਮੈ ਦੇ ਕਾਰਨ ਹੀ ਜੀਵ ਲਈ ਜੰਮਣ ਮਰਨ ਦਾ ਚੱਕਰ ਬਣਿਆ ਰਹਿੰਦਾ ਹੈ) ॥੩॥

42757	999	ਬਰਨੁ ਚਿਹਨੁ ਨਾਹੀ ਕਿਛੁ ਰਚਨਾ ਮਿਥਿਆ ਸਗਲ ਪਸਾਰਾ॥		Baran Chihan Naahee Kishh Rachanaa Mithhiaa Sagal Pasaaraa ||	Nothing of the color and the form of the creation shall remain; the entire expanse is transitory.	ਹੇ ਭਾਈ! ਇਹ ਸਾਰਾ ਜਗਤ-ਖਿਲਾਰਾ ਨਾਸਵੰਤ ਹੈ, ਇਸ ਰਚਨਾ ਵਿਚ (ਥਿਰਤਾ ਦਾ) ਕੋਈ ਬਰਨ ਚਿਹਨ ਨਹੀਂ ਹੈ।
42758	999	ਭਣਤਿ ਨਾਨਕੁ ਜਬ ਖੇਲੁ ਉਝਾਰੈ ਤਬ ਏਕੈ ਏਕੰਕਾਰਾ॥੪॥੪॥	(ਖੇਲੁ) ਰਚਨਾ ਨੂੰ (ਉਝਾਰੈ) ਖਿੱਚਕੇ ਆਪਣੇ ਚ ਲੀਣ ਕਰ ਲੈਂਦੇ ਹਨ। ਖ਼ੇਲੁ	Bhanath Naanak Jab Khael Oujhaarai Thab Eaekai Eaekankaaraa ||4||4||	Prays Nanak, when He brings His play to its close, then only the One, the One Lord remains. ||4||4||	ਨਾਨਕ ਆਖਦਾ ਹੈ ਕਿ ਜਦੋਂ ਪਰਮਾਤਮਾ ਇਸ ਖੇਡ ਨੂੰ ਉਜਾੜਦਾ ਹੈ ਤਦੋਂ ਇਕ ਆਪ ਹੀ ਆਪ ਹੋ ਜਾਂਦਾ ਹੈ ॥੪॥੪॥
42759	1000	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
42760	1000	ਮਾਨ ਮੋਹ ਅਰੁ ਲੋਭ ਵਿਕਾਰਾ ਬੀਓ ਚੀਤਿ ਨ ਘਾਲਿਓ ॥		Maan Moh Ar Lobh Vikaaraa Beeou Cheeth N Ghaaliou ||	Pride, emotional attachment, greed and corruption are gone; I have not placed anything else, other than the Lord, within my consciousness.	ਮਾਣ ਮੋਹ ਅਤੇ ਲੋਭ ਆਦਿਕ ਹੋਰ ਹੋਰ ਵਿਕਾਰਾਂ ਨੂੰ ਪਰਮਾਤਮਾ ਦਾ ਸੇਵਕ ਆਪਣੇ ਚਿੱਤ ਵਿਚ ਨਹੀਂ ਆਉਣ ਦੇਂਦਾ।

42761	1000	ਨਾਮ ਰਤਨੁ ਗੁਣਾ ਹਰਿ ਬਣਜੇ ਲਾਦਿ ਵਖਰੁ ਲੈ ਚਾਲਿਓ॥੧॥	ਵੱਖਰੁ	Naam Rathan Gunaa Har Banajae Laadh Vakhar Lai Chaaliou ||1||	I have purchased the jewel of the Naam and the Glorious Praises of the Lord; loading this merchandise, I have set out on my journey. ||1||	ਉਹ ਸਦਾ ਪਰਮਾਤਮਾ ਦਾ ਨਾਮ-ਰਤਨ ਅਤੇ ਪਰਮਾਤਮਾ ਦੀ ਸਿਫ਼ਤ-ਸਾਲਾਹ ਹੀ ਵਣਜਦਾ ਰਹਿੰਦਾ ਹੈ। ਇਹੀ ਸੌਦਾ ਉਹ ਇਥੋਂ ਲੱਦ ਕੇ ਲੈ ਤੁਰਦਾ ਹੈ ॥੧॥
42762	1000	ਸੇਵਕ ਕੀ ਓੜਕਿ ਨਿਬਹੀ ਪ੍ਰੀਤਿ॥		Saevak Kee Ourrak Nibehee Preeth ||	The love which the Lord's servant feels for the Lord lasts forever.	ਪਰਮਾਤਮਾ ਦੇ ਭਗਤ ਦੀ ਪਰਮਾਤਮਾ ਨਾਲ ਪ੍ਰੀਤ ਅਖ਼ੀਰ ਤਕ ਬਣੀ ਰਹਿੰਦੀ ਹੈ।
42763	1000	ਜੀਵਤ ਸਾਹਿਬੁ ਸੇਵਿਓ ਅਪਨਾ ਚਲਤੇ ਰਾਖਿਓ ਚੀਤਿ॥੧॥ਰਹਾਉ॥		Jeevath Saahib Saeviou Apanaa Chalathae Raakhiou Cheeth ||1|| Rehaao ||	In my life, I served my Lord and Master, and as I depart, I keep Him enshrined in my consciousness. ||1||Pause||	ਜਿਤਨਾ ਚਿਰ ਉਹ ਜਗਤ ਵਿਚ ਜੀਊਂਦਾ ਹੈ ਉਤਨਾ ਚਿਰ ਆਪਣੇ ਮਾਲਕ-ਪ੍ਰਭੂ ਦੀ ਸੇਵਾ-ਭਗਤੀ ਕਰਦਾ ਰਹਿੰਦਾ ਹੈ, ਜਗਤ ਤੋਂ ਤੁਰਨ ਲੱਗਾ ਭੀ ਪ੍ਰਭੂ ਨੂੰ ਆਪਣੇ ਚਿੱਤ ਵਿਚ ਵਸਾਈ ਰੱਖਦਾ ਹੈ ॥੧॥ ਰਹਾਉ ॥
42764	1000	ਜੈਸੀ ਆਗਿਆ ਕੀਨੀ ਠਾਕੁਰਿ ਤਿਸ ਤੇ ਮੁਖੁ ਨਹੀ ਮੋਰਿਓ॥		Jaisee Aagiaa Keenee Thaakur This Thae Mukh Nehee Moriou ||	I have not turned my face away from my Lord and Master's Command.	ਸੇਵਕ ਉਹ ਹੈ ਜਿਸ ਨੂੰ ਮਾਲਕ-ਪ੍ਰਭੂ ਨੇ ਜਿਹੋ ਜਿਹਾ ਕਦੇ ਹੁਕਮ ਕੀਤਾ, ਉਸ ਨੇ ਉਸ ਹੁਕਮ ਤੋਂ ਕਦੇ ਮੂੰਹ ਨਹੀਂ ਮੋੜਿਆ।

42765	1000	ਸਹਜੁ ਅਨੰਦੁ ਰਖਿਓ ਗ੍ਰਿਹ ਭੀਤਰਿ ਉਠਿ ਉਆਹੂ ਕਉ ਦਉਰਿਓ॥੨॥		Sehaj Anandh Rakhiou Grih Bheethar Outh Ouaahoo Ko Dhouriou ||2||	He fills my household with celestial peace and bliss; if He asks me to leave, I leave at once. ||2||	ਜੇ ਮਾਲਕ ਨੇ ਉਸ ਨੂੰ ਘਰ ਦੇ ਅੰਦਰ ਟਿਕਾਈ ਰੱਖਿਆ, ਤਾਂ ਸੇਵਕ ਵਾਸਤੇ ਉਥੇ ਹੀ ਆਤਮਕ ਅਡੋਲਤਾ ਤੇ ਆਨੰਦ ਬਣਿਆ ਰਹਿੰਦਾ ਹੈ; (ਜੇ ਮਾਲਕ ਨੇ ਆਖਿਆ-) ਉੱਠ (ਉਸ-ਪਾਸੇ ਵਲ ਜਾਹ, ਤਾਂ ਸੇਵਕ) ਉਸੇ ਪਾਸੇ ਵਲ ਦੌੜ ਪਿਆ ॥੨॥
42766	1000	ਆਗਿਆ ਮਹਿ ਭੂਖ ਸੋਈ ਕਰਿ ਸੂਖਾ ਸੋਗ ਹਰਖ ਨਹੀ ਜਾਨਿਓ॥		Aagiaa Mehi Bhookh Soee Kar Sookhaa Sog Harakh Nehee Jaaniou ||	When I am under the Lord's Command, I find even hunger pleasurable; I know no difference between sorrow and joy.	ਜੇ ਸੇਵਕ ਨੂੰ ਮਾਲਕ-ਪ੍ਰਭੂ ਦੇ ਹੁਕਮ ਵਿਚ ਭੁੱਖ-ਨੰਗ ਆ ਗਈ, ਤਾਂ ਉਸ ਨੂੰ ਹੀ ਉਸ ਨੇ ਸੁਖ ਮੰਨ ਲਿਆ। ਸੇਵਕ ਖ਼ੁਸ਼ੀ ਜਾਂ ਗ਼ਮੀ ਦੀ ਪਰਵਾਹ ਨਹੀਂ ਕਰਦਾ।
42767	1000	ਜੋ ਜੋ ਹੁਕਮੁ ਭਇਓ ਸਾਹਿਬ ਕਾ ਸੋ ਮਾਥੈ ਲੇ ਮਾਨਿਓ॥੩॥		Jo Jo Hukam Bhaeiou Saahib Kaa So Maathhai Lae Maaniou ||3||	Whatever the Command of my Lord and Master is, I bow my forehead and accept it. ||3||	ਸੇਵਕ ਨੂੰ ਮਾਲਕ-ਪ੍ਰਭੂ ਦਾ ਜਿਹੜਾ ਜਿਹੜਾ ਹੁਕਮ ਮਿਲਦਾ ਹੈ, ਉਸ ਨੂੰ ਸਿਰ-ਮੱਥੇ ਮੰਨਦਾ ਹੈ ॥੩॥
42768	1000	ਭਇਓ ਕ੍ਰਿਪਾਲੁ ਠਾਕੁਰੁ ਸੇਵਕ ਕਉ ਸਵਰੇ ਹਲਤ ਪਲਾਤਾ॥		Bhaeiou Kirapaal Thaakur Saevak Ko Savarae Halath Palaathaa ||	The Lord and Master has become merciful to His servant; He has embellished both this world and the next.	ਮਾਲਕ-ਪ੍ਰਭੂ ਜਿਸ ਸੇਵਕ ਉਥੇ ਦਇਆਵਾਨ ਹੁੰਦਾ ਹੈ, ਉਸ ਦਾ ਇਹ ਲੋਕ ਤੇ ਪਰਲੋਕ ਦੋਵੇਂ ਸੁਧਰ ਜਾਂਦੇ ਹਨ।

42769	1000	ਧੰਨੁ ਸੇਵਕੁ ਸਫਲੁ ਓਹੁ ਆਇਆ ਜਿਨਿ ਨਾਨਕ ਖਸਮੁ ਪਛਾਤਾ॥੪॥੫॥		Dhhann Saevak Safal Ouhu Aaeiaa Jin Naanak Khasam Pashhaathaa ||4||5||	Blessed is that servant, and fruitful is his birth; O Nanak, he realizes his Lord and Master. ||4||5||	ਹੇ ਨਾਨਕ! ਜਿਸ ਸੇਵਕ ਨੇ ਖ਼ਸਮ-ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ, ਉਹ ਭਾਗਾਂ ਵਾਲਾ ਹੈ, ਉਸ ਦਾ ਦੁਨੀਆ ਵਿਚ ਆਉਣਾ ਸਫਲ ਹੋ ਜਾਂਦਾ ਹੈ ॥੪॥੫॥
42770	1000	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
42771	1000	ਖੁਲਿਆ ਕਰਮੁ ਕ੍ਰਿਪਾ ਭਈ ਠਾਕੁਰ ਕੀਰਤਨੁ ਹਰਿ ਹਰਿ ਗਾਈ॥	ਖ੍ਹੁਲਿਆ	Khuliaa Karam Kirapaa Bhee Thaakur Keerathan Har Har Gaaee ||	Good karma has dawned for me - my Lord and Master has become merciful. I sing the Kirtan of the Praises of the Lord, Har, Har.	ਜਿਸ ਮਨੁੱਖ ਉੱਤੇ ਮਾਲਕ-ਪ੍ਰਭੂ ਦੀ ਮਿਹਰ ਹੁੰਦੀ ਹੈ, ਉਹ ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦਾ ਰਹਿੰਦਾ ਹੈ, ਉਸ ਦਾ ਭਾਗ ਜਾਗ ਪੈਂਦਾ ਹੈ।
42772	1000	ਸ੍ਰਮੁ ਥਾਕਾ ਪਾਏ ਬਿਸ੍ਰਾਮਾ ਮਿਟਿ ਗਈ ਸਗਲੀ ਧਾਈ॥੧॥		Sram Thhaakaa Paaeae Bisraamaa Mitt Gee Sagalee Dhhaaee ||1||	My struggle is ended; I have found peace and tranquility. All my wanderings have ceased. ||1||	ਉਸ ਦੀ ਦੌੜ-ਭੱਜ ਮੁੱਕ ਜਾਂਦੀ ਹੈ, ਉਹ ਮਨੁੱਖ ਪ੍ਰਭੂ-ਚਰਨਾਂ ਵਿਚ ਟਿਕਾਣਾ ਲੱਭ ਲੈਂਦਾ ਹੈ, ਉਸ ਦੀ ਸਾਰੀ ਭਟਕਣਾ ਦੂਰ ਹੋ ਜਾਂਦੀ ਹੈ ॥੧॥
42773	1000	ਅਬ ਮੋਹਿ ਜੀਵਨਪਦਵੀ ਪਾਈ॥		Ab Mohi Jeevan Padhavee Paaee ||	Now, I have obtained the state of eternal life.	ਹੁਣ ਮੈਂ ਆਤਮਕ ਜੀਵਨ ਵਾਲਾ ਦਰਜਾ ਪ੍ਰਾਪਤ ਕਰ ਲਿਆ ਹੈ।

42774	1000	ਚੀਤਿ ਆਇਓ ਮਨਿ ਪੁਰਖੁ ਬਿਧਾਤਾ ਸੰਤਨ ਕੀ ਸਰਣਾਈ॥੧॥ਰਹਾਉ ॥		Cheeth Aaeiou Man Purakh Bidhhaathaa Santhan Kee Saranaaee ||1|| Rehaao ||	The Primal Lord, the Architect of Destiny, has come into my conscious mind; I seek the Sanctuary of the Saints. ||1||Pause||	ਸੰਤ ਜਨਾਂ ਦੀ ਸਰਨ ਪੈਣ ਕਰਕੇ ਮੇਰੇ ਮਨ ਵਿਚ ਮੇਰੇ ਚਿੱਤ ਵਿਚ ਸਰਬ-ਵਿਆਪਕ ਸਿਰਜਣ-ਹਾਰ ਪ੍ਰਭੂ ਆ ਵੱਸਿਆ ਹੈ, ॥੧॥ ਰਹਾਉ ॥
42775	1000	ਕਾਮੁ ਕ੍ਰੋਧੁ ਲੋਭੁ ਮੋਹੁ ਨਿਵਾਰੇ ਨਿਵਰੇ ਸਗਲ ਬੈਰਾਈ॥		Kaam Krodhh Lobh Mohu Nivaarae Nivarae Sagal Bairaaee ||	Sexual desire, anger, greed and emotional attachment are eradicated; all my enemies are eliminated.	(ਜਿਹੜਾ ਮਨੁੱਖ ਸੰਤ ਜਨਾਂ ਦੀ ਸਰਨ ਪੈਂਦਾ ਹੈ ਉਹ ਆਪਣੇ ਅੰਦਰੋਂ) ਕਾਮ ਕ੍ਰੋਧ ਲੋਭ ਮੋਹ (ਆਦਿਕ ਸਾਰੇ ਵਿਕਾਰ) ਦੂਰ ਕਰ ਲੈਂਦਾ ਹੈ, ਉਸ ਦੇ ਇਹ ਸਾਰੇ ਹੀ ਵੈਰੀ ਦੂਰ ਹੋ ਜਾਂਦੇ ਹਨ।
42776	1000	ਸਦ ਹਜੂਰਿ ਹਾਜਰੁ ਹੈ ਨਾਜਰੁ ਕਤਹਿ ਨ ਭਇਓ ਦੂਰਾਈ॥੨॥		Sadh Hajoor Haajar Hai Naajar Kathehi N Bhaeiou Dhooraaee ||2||	He is always ever-present, here and now, watching over me; He is never far away. ||2||	ਸਭ ਨੂੰ ਵੇਖਣ ਵਾਲਾ ਪ੍ਰਭੂ ਉਸ ਨੂੰ ਹਰ ਵੇਲੇ ਅੰਗ-ਸੰਗ ਜਾਪਦਾ ਹੈ, ਕਿਸੇ ਭੀ ਥਾਂ ਤੋਂ ਉਸ ਨੂੰ ਉਹ ਪ੍ਰਭੂ ਦੂਰ ਨਹੀਂ ਜਾਪਦਾ ॥੨॥
42777	1000	ਸੁਖ ਸੀਤਲ ਸਰਧਾ ਸਭ ਪੂਰੀ ਹੋਏ ਸੰਤ ਸਹਾਈ॥		Sukh Seethal Saradhhaa Sabh Pooree Hoeae Santh Sehaaee ||	In peace and cool tranquility, my faith has been totally fulfilled; the Saints are my Helpers and Support.	ਸੰਤ ਜਨ ਜਿਸ ਮਨੁੱਖ ਦੇ ਮਦਦਗਾਰ ਬਣਦੇ ਹਨ, ਉਸ ਦੇ ਅੰਦਰ ਹਰ ਵੇਲੇ ਠੰਢ ਤੇ ਆਨੰਦ ਬਣਿਆ ਰਹਿੰਦਾ ਹੈ, ਉਸ ਦੀ ਹਰੇਕ ਮੰਗ ਪੂਰੀ ਹੋ ਜਾਂਦੀ ਹੈ।

42778	1000	ਪਾਵਨ ਪਤਿਤ ਕੀਏ ਖਿਨ ਭੀਤਰਿ ਮਹਿਮਾ ਕਥਨੁ ਨ ਜਾਈ॥੩॥		Paavan Pathith Keeeae Khin Bheethar Mehimaa Kathhan N Jaaee ||3||	He has purified the sinners in an instant; I cannot express His Glorious Praises. ||3||	ਸੰਤਾਂ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ, ਸੰਤ ਜਨ ਵਿਕਾਰੀਆਂ ਨੂੰ ਇਕ ਖਿਨ ਵਿਚ ਪਵਿੱਤਰ ਕਰ ਦੇਂਦੇ ਹਨ ॥੩॥
42779	1000	ਨਿਰਭਉ ਭਏ ਸਗਲ ਭੈ ਖੋਏ ਗੋਬਿਦ ਚਰਣ ਓਟਾਈ॥		Nirabho Bheae Sagal Bhai Khoeae Gobidh Charan Outtaaee ||	I have become fearless; all fear has departed. The feet of the Lord of the Universe are my only Shelter.	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦੇ ਚਰਨਾਂ ਦਾ ਆਸਰਾ ਲੈ ਲਿਆ, ਉਹਨਾਂ ਦੇ ਸਾਰੇ ਡਰ ਦੂਰ ਹੋ ਗਏ, ਉਹ ਨਿਰਭਉ ਹੋ ਗਏ।
42780	1000	ਨਾਨਕੁ ਜਸੁ ਗਾਵੈ ਠਾਕੁਰ ਕਾ ਰੈਣਿ ਦਿਨਸੁ ਲਿਵ ਲਾਈ॥੪॥੬॥		Naanak Jas Gaavai Thaakur Kaa Rain Dhinas Liv Laaee ||4||6||	Nanak sings the Praises of his Lord and Master; night and day, he is lovingly focused on Him. ||4||6||	ਨਾਨਕ ਭੀ ਦਿਨ ਰਾਤ ਸੁਰਤ ਜੋੜ ਕੇ ਮਾਲਕ-ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦਾ ਰਹਿੰਦਾ ਹੈ ॥੪॥੬॥
42781	1000	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
42782	1000	ਜੋ ਸਮਰਥੁ ਸਰਬ ਗੁਣ ਨਾਇਕੁ ਤਿਸ ਕਉ ਕਬਹੁ ਨ ਗਾਵਸਿ ਰੇ॥	ਸਮਰੱਥੁ	Jo Samarathh Sarab Gun Naaeik This Ko Kabahu N Gaavas Rae ||	He is all-powerful, the Master of all virtues, but you never sing of Him!	ਹੇ ਭਾਈ! ਜਿਹੜਾ ਪਰਮਾਤਮਾ ਸਭ ਤਾਕਤਾਂ ਦਾ ਮਾਲਕ ਹੈ, ਜਿਹੜਾ ਸਾਰੇ ਗੁਣਾਂ ਦਾ ਮਾਲਕ ਹੈ, ਤੂੰ ਉਸ ਦੀ ਸਿਫ਼ਤ-ਸਾਲਾਹ ਕਦੇ ਭੀ ਨਹੀਂ ਕਰਦਾ।

42783	1000	ਛੋਡਿ ਜਾਇ ਖਿਨ ਭੀਤਰਿ ਤਾ ਕਉ ਉਆ ਕਉ ਫਿਰਿ ਫਿਰਿ ਧਾਵਸਿ ਰੇ॥੧॥		Shhodd Jaae Khin Bheethar Thaa Ko Ouaa Ko Fir Fir Dhhaavas Rae ||1||	You shall have to leave all this in an instant, but again and again, you chase after it. ||1||	ਉਸ (ਮਾਇਆ) ਨੂੰ ਤਾਂ ਹਰ ਕੋਈ ਇਕ ਖਿਨ ਵਿਚ ਛੱਡ ਜਾਂਦਾ ਹੈ, ਤੂੰ ਭੀ ਉਸੇ ਦੀ ਖ਼ਾਤਰ ਮੁੜ ਮੁੜ ਭਟਕਦਾ ਫਿਰਦਾ ਹੈਂ ॥੧॥
42784	1000	ਅਪੁਨੇ ਪ੍ਰਭ ਕਉ ਕਿਉ ਨ ਸਮਾਰਸਿ ਰੇ॥		Apunae Prabh Ko Kio N Samaaras Rae ||	Why do you not contemplate your God?	ਤੂੰ ਆਪਣੇ ਪਰਮਾਤਮਾ ਨੂੰ ਕਿਉਂ ਯਾਦ ਨਹੀਂ ਕਰਦਾ?
42785	1000	ਬੈਰੀ ਸੰਗਿ ਰੰਗ ਰਸਿ ਰਚਿਆ ਤਿਸੁ ਸਿਉ ਜੀਅਰਾ ਜਾਰਸਿ ਰੇ॥੧॥ਰਹਾਉ॥		Bairee Sang Rang Ras Rachiaa This Sio Jeearaa Jaaras Rae ||1|| Rehaao ||	You are entangled in association with your enemies, and the enjoyment of pleasures; your soul is burning up with them! ||1||Pause||	ਤੂੰ (ਮਾਇਆ ਦੇ ਮੋਹ-) ਵੈਰੀ ਨਾਲ ਮੌਜ-ਮੇਲਿਆਂ ਦੇ ਸੁਆਦ ਵਿਚ ਮਸਤ ਹੈਂ, ਤੇ, ਉਸ (ਮੋਹ ਦੇ) ਨਾਲ ਹੀ ਆਪਣੀ ਜਿੰਦ ਨੂੰ ਸਾੜ ਰਿਹਾ ਹੈਂ (ਆਪਣੇ ਆਤਮਕ ਜੀਵਨ ਨੂੰ ਸਾੜ ਰਿਹਾ ਹੈਂ) ॥੧॥ ਰਹਾਉ ॥
42786	1000	ਜਾ ਕੈ ਨਾਮਿ ਸੁਨਿਐ ਜਮੁ ਛੋਡੈ ਤਾ ਕੀ ਸਰਣਿ ਨ ਪਾਵਸਿ ਰੇ॥		Jaa Kai Naam Suniai Jam Shhoddai Thaa Kee Saran N Paavas Rae ||	Hearing His Name, the Messenger of Death will release you, and yet, you do not enter His Sanctuary!	ਜਿਸ ਪਰਮਾਤਮਾ ਦਾ ਨਾਮ ਸੁਣਿਆਂ ਜਮਰਾਜ (ਭੀ) ਛੱਡ ਜਾਂਦਾ ਹੈ ਤੂੰ ਉਸ ਦੀ ਸਰਨ (ਕਿਉਂ) ਨਹੀਂ ਪੈਂਦਾ?

42787	1000	ਕਾਢਿ ਦੇਇ ਸਿਆਲ ਬਪੁਰੇ ਕਉ ਤਾ ਕੀ ਓਟ ਟਿਕਾਵਸਿ ਰੇ॥੨॥		Kaadt Dhaee Siaal Bapurae Ko Thaa Kee Outt Ttikaavas Rae ||2||	Turn out this wretched jackal, and seek the Shelter of that God. ||2||	ਤੂੰ ਆਪਣੇ ਅੰਦਰ ਉਸ ਪ੍ਰਭੂ ਦਾ ਆਸਰਾ ਟਿਕਾ ਲੈ, ਜਿਹੜਾ (ਸਿੰਘ-ਪ੍ਰਭੂ) ਨਿਮਾਣੇ ਗਿੱਦੜ ਨੂੰ ਕੱਢ ਦੇਂਦਾ ਹੈ ॥੨॥
42788	1000	ਜਿਸ ਕਾ ਜਾਸੁ ਸੁਨਤ ਭਵ ਤਰੀਐ ਤਾ ਸਿਉ ਰੰਗੁ ਨ ਲਾਵਸਿ ਰੇ॥		Jis Kaa Jaas Sunath Bhav Thareeai Thaa Sio Rang N Laavas Rae ||	Praising Him, you shall cross over the terrifying world-ocean, and yet, you have not fallen in love with Him!	ਜਿਸ ਪਰਮਾਤਮਾ ਦਾ ਜਸ ਸੁਣਿਆਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ, ਤੂੰ ਉਸ ਨਾਲ ਪਿਆਰ ਨਹੀਂ ਜੋੜਦਾ।
42789	1000	ਥੋਰੀ ਬਾਤ ਅਲਪ ਸੁਪਨੇ ਕੀ ਬਹੁਰਿ ਬਹੁਰਿ ਅਟਕਾਵਸਿ ਰੇ॥੩॥		Thhoree Baath Alap Supanae Kee Bahur Bahur Attakaavas Rae ||3||	This meager, short-lived dream, this thing - you are engrossed in it, over and over again. ||3||	(ਮਾਇਆ ਦੀ ਪ੍ਰੀਤ) ਸੁਪਨੇ ਦੀ ਹੀ ਹੋਛੀ ਜਿਹੀ ਗੱਲ ਹੈ, ਪਰ ਤੂੰ ਮੁੜ ਮੁੜ ਉਸੇ ਵਿਚ ਆਪਣੇ ਮਨ ਨੂੰ ਫਸਾ ਰਿਹਾ ਹੈਂ ॥੩॥
42790	1000	ਭਇਓ ਪ੍ਰਸਾਦੁ ਕ੍ਰਿਪਾਨਿਧਿ ਠਾਕੁਰ ਸੰਤਸੰਗਿ ਪਤਿ ਪਾਈ॥		Bhaeiou Prasaadh Kirapaa Nidhh Thaakur Santhasang Path Paaee ||	When our Lord and Master, the ocean of mercy, grants His Grace, one finds honor in the Society of the Saints.	ਜਿਸ ਮਨੁੱਖ ਉੱਤੇ ਕਿਰਪਾ ਦੇ ਖ਼ਜ਼ਾਨੇ ਮਾਲਕ-ਪ੍ਰਭੂ ਦੀ ਮਿਹਰ ਹੁੰਦੀ ਹੈ, ਉਹ ਸੰਤ ਜਨਾਂ ਦੀ ਸੰਗਤ ਵਿਚ ਰਹਿ ਕੇ (ਲੋਕ ਪਰਲੋਕ ਦੀ) ਇੱਜ਼ਤ ਖੱਟਦਾ ਹੈ।

42791	1000	ਕਹੁ ਨਾਨਕ ਤ੍ਰੈ ਗੁਣ ਭ੍ਰਮੁ ਛੂਟਾ ਜਉ ਪ੍ਰਭ ਭਏ ਸਹਾਈ॥੪॥੭॥		Kahu Naanak Thrai Gun Bhram Shhoottaa Jo Prabh Bheae Sehaaee ||4||7||	Says Nanak, I am rid of the illusion of the three-phased Maya, when God becomes my help and support. ||4||7||	ਨਾਨਕ ਆਖਦਾ ਹੈ- ਜਦੋਂ ਪ੍ਰਭੂ ਜੀ ਸਹਾਈ ਬਣਦੇ ਹਨ, ਮਨੁੱਖ ਦੀ ਤ੍ਰਿਗੁਣੀ ਮਾਇਆ ਵਾਲੀ ਭਟਕਣਾ ਮੁੱਕ ਜਾਂਦੀ ਹੈ ॥੪॥੭॥
42792	1000	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
42793	1000	ਅੰਤਰਜਾਮੀ ਸਭ ਬਿਧਿ ਜਾਨੈ ਤਿਸ ਤੇ ਕਹਾ ਦੁਲਾਰਿਓ॥	ਬਿਧਿ: ਪੋਲਾ ਬੋਲੋ	Antharajaamee Sabh Bidhh Jaanai This Thae Kehaa Dhulaariou ||	The Inner-knower, the Searcher of hearts, knows everything; what can anyone hide from Him?	ਹੇ ਮੂਰਖ! ਸਭ ਦੇ ਦਿਲਾਂ ਦੀ ਜਾਣਨ ਵਾਲਾ ਪਰਮਾਤਮਾ (ਮਨੁੱਖ ਦਾ) ਹਰੇਕ ਕਿਸਮ (ਦਾ ਅੰਦਰਲਾ ਭੇਤ) ਜਾਣਦਾ ਹੈ। ਉਸ ਪਾਸੋਂ ਕਿੱਥੇ ਕੁਝ ਲੁਕਾਇਆ ਜਾ ਸਕਦਾ ਹੈ?
42794	1000	ਹਸਤ ਪਾਵ ਝਰੇ ਖਿਨ ਭੀਤਰਿ ਅਗਨਿ ਸੰਗਿ ਲੈ ਜਾਰਿਓ॥੧॥		Hasath Paav Jharae Khin Bheethar Agan Sang Lai Jaariou ||1||	Your hands and feet will fall off in an instant, when you are burnt in the fire. ||1||	(ਹੇ ਮੂਰਖ! ਜਿਸ ਸਰੀਰ ਦੀ ਖ਼ਾਤਰ ਤੂੰ ਹਰਾਮਖ਼ੋਰੀ ਕਰਦਾ ਹੈਂ, ਉਹ ਸਰੀਰ ਅੰਤ ਵੇਲੇ) ਅੱਗ ਵਿਚ ਪਾ ਕੇ ਸਾੜਿਆ ਜਾਂਦਾ ਹੈ, (ਉਸ ਦੇ) ਹੱਥ ਪੈਰ (ਆਦਿਕ ਅੰਗ) ਇਕ ਖਿਨ ਵਿਚ ਸੜ ਕੇ ਸੁਆਹ ਹੋ ਜਾਂਦੇ ਹਨ ॥੧॥
42795	1001	ਮੂੜੇ ਤੈ ਮਨ ਤੇ ਰਾਮੁ ਬਿਸਾਰਿਓ॥		Moorrae Thai Man Thae Raam Bisaariou ||	You fool, you have forgotten the Lord from your mind!	ਹੇ ਮੂਰਖ! ਤੂੰ ਪਰਮਾਤਮਾ ਨੂੰ ਆਪਣੇ ਮਨ ਤੋਂ ਭੁਲਾ ਦਿੱਤਾ ਹੈ।

42796	1001	ਲੂਣੁ ਖਾਇ ਕਰਹਿ ਹਰਾਮਖੋਰੀ ਪੇਖਤ ਨੈਨ ਬਿਦਾਰਿਓ॥੧॥ਰਹਾਉ॥		Loon Khaae Karehi Haraamakhoree Paekhath Nain Bidhaariou ||1|| Rehaao ||	You eat His salt, and then you are untrue to Him; before your very eyes, you shall be torn apart. ||1||Pause||	ਪਰਮਾਤਮਾ ਦਾ ਸਭ ਕੁਝ ਦਿੱਤਾ ਖਾ ਕੇ ਬੜੀ ਬੇ-ਸ਼ਰਮੀ ਨਾਲ ਤੂੰ ਹਰਾਮਖੋਰੀ ਕਰ ਰਿਹਾ ਹੈਂ ॥੧॥ ਰਹਾਉ ॥
42797	1001	ਅਸਾਧ ਰੋਗੁ ਉਪਜਿਓ ਤਨ ਭੀਤਰਿ ਟਰਤ ਨ ਕਾਹੂ ਟਾਰਿਓ॥		Asaadhh Rog Oupajiou Than Bheethar Ttarath N Kaahoo Ttaariou ||	The incurable disease has arisen in your body; it cannot be removed or overcome.	ਹੇ ਮੂਰਖ! (ਜਦੋਂ ਹਰਾਮਖ਼ੋਰੀ ਦਾ ਇਹ) ਅਸਾਧ ਰੋਗ ਸਰੀਰ ਵਿਚ ਪੈਦਾ ਹੁੰਦਾ ਹੈ, ਕਿਸੇ ਭੀ ਹੋਰ ਤਰੀਕੇ ਨਾਲ ਦੂਰ ਕੀਤਿਆਂ ਇਹ ਦੂਰ ਨਹੀਂ ਹੁੰਦਾ।
42798	1001	ਪ੍ਰਭ ਬਿਸਰਤ ਮਹਾ ਦੁਖੁ ਪਾਇਓ ਇਹੁ ਨਾਨਕ ਤਤੁ ਬੀਚਾਰਿਓ॥੨॥੮॥		Prabh Bisarath Mehaa Dhukh Paaeiou Eihu Naanak Thath Beechaariou ||2||8||	Forgetting God, one endures utter agony; this is the essence of reality which Nanak has realized. ||2||8||	ਹੇ ਨਾਨਕ! ਸੰਤ ਜਨਾਂ ਨੇ ਇਹ ਭੇਤ ਸਮਝਿਆ ਹੈ ਕਿ ਪਰਮਾਤਮਾ ਨੂੰ ਭੁਲਾ ਕੇ ਮਨੁੱਖ ਬੜਾ ਦੁੱਖ ਸਹਾਰਦਾ ਹੈ ॥੨॥੮॥
42799	1001	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	

42800	1001	ਚਰਨਕਮਲ ਪ੍ਰਭ ਰਾਖੇ ਚੀਤਿ॥		Charan Kamal Prabh Raakhae Cheeth ||	I have enshrined the lotus feet of God within my consciousness.	ਸੰਤ ਜਨਾਂ ਨੇ ਪ੍ਰਭੂ ਦੇ ਸੋਹਣੇ ਚਰਨ (ਸਦਾ ਆਪਣੇ) ਚਿੱਤ ਵਿਚ ਵਸਾਏ ਹੁੰਦੇ ਹਨ,
42801	1001	ਹਰਿ ਗੁਣ ਗਾਵਹ ਨੀਤਾ ਨੀਤ॥		Har Gun Gaaveh Neethaa Neeth ||	I sing the Glorious Praises of the Lord, continually, continuously.	ਉਹ ਸਦਾ ਹੀ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਹਨ।
42802	1001	ਤਿਸੁ ਬਿਨੁ ਦੂਜਾ ਅਵਰੁ ਨ ਕੋਊ॥		This Bin Dhoojaa Avar N Kooo ||	There is none other than Him at all.	ਪਰਮਾਤਮਾ ਤੋਂ ਬਿਨਾ ਉਹਨਾਂ ਨੂੰ ਹੋਰ ਕੋਈ ਸਹਾਰਾ ਨਹੀਂ ਦਿੱਸਦਾ (ਜੋ ਸਦਾ ਕਾਇਮ ਰਹਿ ਸਕੇ।
42803	1001	ਆਦਿ ਮਧਿ ਅੰਤਿ ਹੈ ਸੋਊ॥੧॥	ਮਧਿ: ਪੋਲਾ ਬੋਲੋ	Aadh Madhh Anth Hai Sooo ||1||	He alone exists, in the beginning, in the middle, and in the end. ||1||	ਸੰਤ ਜਨਾਂ ਨੂੰ ਨਿਸਚਾ ਹੈ ਕਿ) ਉਹ ਪਰਮਾਤਮਾ ਹੀ ਜਗਤ ਦੇ ਸ਼ੁਰੂ ਵਿਚ, ਵਿਚਕਾਰਲੇ ਸਮੇ ਵਿਚ, ਅਤੇ ਜਗਤ ਦੇ ਅੰਤ ਵਿਚ ਕਾਇਮ ਰਹਿਣ ਵਾਲਾ ਹੈ ॥੧॥
42804	1001	ਸੰਤਨ ਕੀ ਓਟ ਆਪੇ ਆਪਿ॥੧॥ਰਹਾਉ॥		Santhan Kee Outt Aapae Aap ||1|| Rehaao ||	He Himself is the Shelter of the Saints. ||1||Pause||	ਪਰਮਾਤਮਾ ਹੀ (ਸੰਤ ਜਨਾਂ ਦਾ) ਆਸਰਾ ਹੈ ॥੧॥ ਰਹਾਉ ॥
42805	1001	ਜਾ ਕੈ ਵਸਿ ਹੈ ਸਗਲ ਸੰਸਾਰੁ॥	ਵੱਸਿ	Jaa Kai Vas Hai Sagal Sansaar ||	The entire universe is under His control.	ਜਿਸ ਦੇ ਵਿਚ ਸਾਰਾ ਜਗਤ ਹੈ,

42806	1001	ਆਪੇ ਆਪਿ ਆਪਿ ਨਿਰੰਕਾਰੁ॥		Aapae Aap Aap Nirankaar ||	He Himself, the Formless Lord, is Himself by Himself.	ਜਿਹੜਾ ਨਿਰੰਕਾਰ ਸਦਾ ਆਪ ਹੀ ਆਪ ਹੈ,
42807	1001	ਨਾਨਕ ਗਹਿਓ ਸਾਚਾ ਸੋਇ॥		Naanak Gehiou Saachaa Soe ||	Nanak holds tight to that True Lord.	ਹੇ ਨਾਨਕ! (ਸੰਤ ਜਨਾਂ ਨੇ) ਉਸ ਸਦਾ ਕਾਇਮ ਰਹਿਣ ਵਾਲੇ ਨੂੰ ਆਪਣੇ ਹਿਰਦੇ ਵਿਚ ਵਸਾਇਆ ਹੋਇਆ ਹੈ।
42808	1001	ਸੁਖੁ ਪਾਇਆ ਫਿਰਿ ਦੂਖੁ ਨ ਹੋਇ॥੨॥੯॥		Sukh Paaeiaa Fir Dhookh N Hoe ||2||9||	He has found peace, and shall never suffer pain again. ||2||9||	ਉਹ ਸਦਾ ਆਤਮਕ ਆਨੰਦ ਮਾਣਦੇ ਹਨ, ਉਹਨਾਂ ਨੂੰ ਕੋਈ ਦੁੱਖ ਪੋਹ ਨਹੀਂ ਸਕਦਾ ॥੨॥੯॥
42809	1001	ਮਾਰੂ ਮਹਲਾ ੫ ਘਰੁ ੩		Maaroo Mehalaa 5 Ghar 3	Maaroo, Fifth Mehl, Third House:	ਰਾਗ ਮਾਰੂ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
42810	1001	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
42811	1001	ਪ੍ਰਾਨ ਸੁਖਦਾਤਾ ਜੀਅ ਸੁਖਦਾਤਾ ਤੁਮ ਕਾਹੇ ਬਿਸਾਰਿਓ ਅਗਿਆਨਥ॥		Praan Sukhadhaathaa Jeea Sukhadhaathaa Thum Kaahae Bisaariou Agiaanathh ||	He is the Giver of peace to the breath of life, the Giver of life to the soul; how can you forget Him, you ignorant person?	ਹੇ ਅਗਿਆਨੀ! ਤੂੰ ਕਿਉਂ ਉਸ ਪਰਮਾਤਮਾ ਨੂੰ ਭੁਲਾ ਦਿੱਤਾ ਹੈ ਜੋ ਜਿੰਦ ਦੇਣ ਵਾਲਾ ਹੈ ਸਾਰੇ ਸੁਖ ਦੇਣ ਵਾਲਾ ਹੈ ਅਤੇ ਸਾਰੇ ਜੀਵਾਂ ਨੂੰ ਸੁਖ ਦੇਣ ਵਾਲਾ ਹੈ।

42812	1001	ਹੋਛਾ ਮਦੁ ਚਾਖਿ ਹੋਏ ਤੁਮ ਬਾਵਰ ਦੁਲਭ ਜਨਮੁ ਅਕਾਰਥ॥੧॥	ਦੁ-ਲਭ	Hoshhaa Madh Chaakh Hoeae Thum Baavar Dhulabh Janam Akaarathh ||1||	You taste the weak, insipid wine, and you have gone insane. You have uselessly wasted this precious human life. ||1||	ਛੇਤੀ ਮੁੱਕ ਜਾਣ ਵਾਲਾ (ਮਾਇਆ ਦੇ ਮੋਹ ਦਾ) ਨਸ਼ਾ ਚੱਖ ਕੇ ਤੂੰ ਝੱਲਾ ਹੋ ਰਿਹਾ ਹੈਂ, ਤੇਰਾ ਕੀਮਤੀ ਜਨਮ ਵਿਅਰਥ ਜਾ ਰਿਹਾ ਹੈ ॥੧॥
42813	1001	ਰੇ ਨਰ ਐਸੀ ਕਰਹਿ ਇਆਨਥ॥		Rae Nar Aisee Karehi Eiaanathh ||	O man, such is the foolishness you practice.	ਹੇ ਮਨੁੱਖ! ਤੂੰ ਬੜੀ ਮਾੜੀ ਬੇ-ਅਕਲੀ ਕਰ ਰਿਹਾ ਹੈਂ,
42814	1001	ਤਜਿ ਸਾਰੰਗਧਰ ਭ੍ਰਮਿ ਤੂ ਭੂਲਾ ਮੋਹਿ ਲਪਟਿਓ ਦਾਸੀ ਸੰਗਿ ਸਾਨਥ॥੧॥ਰਹਾਉ॥		Thaj Saarangadhhar Bhram Thoo Bhoolaa Mohi Lapattiou Dhaasee Sang Saanathh ||1|| Rehaao ||	Renouncing the Lord, the Support of the earth, you wander, deluded by doubt; you are engrossed in emotional attachment, associating with Maya, the slave-girl. ||1||Pause||	ਕਿ ਤੂੰ ਧਰਤੀ ਦੇ ਆਸਰੇ ਪ੍ਰਭੂ ਨੂੰ ਛੱਡ ਕੇ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਹੋਇਆ ਹੈਂ, ਮਾਇਆ ਦੇ ਮੋਹ ਨਾਲ ਚੰਬੜਿਆ ਹੋਇਆ ਹੈਂ ਅਤੇ ਮਾਇਆ-ਦਾਸੀ ਨਾਲ ਸਾਥ ਬਣਾ ਰਿਹਾ ਹੈਂ ॥੧॥ ਰਹਾਉ ॥
42815	1001	ਧਰਣੀਧਰੁ ਤਿਆਗਿ ਨੀਚ ਕੁਲ ਸੇਵਹਿ ਹਉ ਹਉ ਕਰਤ ਬਿਹਾਵਥ॥		Dhharaneedhhar Thiaag Neech Kul Saevehi Ho Ho Karath Bihaavathh ||	Abandoning the Lord, the Support of the earth, you serve her of lowly ancestry, and you pass you life acting egotistically.	ਧਰਤੀ ਦੇ ਆਸਰੇ ਪ੍ਰਭੂ ਨੂੰ ਤਿਆਗ ਕੇ ਤੂੰ ਨੀਵੀਂ ਕੁਲ ਵਾਲੀ ਮਾਇਆ-ਦਾਸੀ ਦੀ ਸੇਵਾ ਕਰ ਰਿਹਾ ਹੈਂ, (ਇਸ ਮਾਇਆ ਦੇ ਕਾਰਨ) 'ਮੈਂ ਮੈਂ' ਕਰਦਿਆਂ ਤੇਰੀ ਉਮਰ ਬੀਤ ਰਹੀ ਹੈ।

42816	1001	ਫੋਕਟ ਕਰਮ ਕਰਹਿ ਅਗਿਆਨੀ ਮਨਮੁਖਿ ਅੰਧੁ ਕਹਾਵਥ॥੨॥		Fokatt Karam Karehi Agiaanee Manamukh Andhh Kehaavathh ||2||	You do useless deeds, you ignorant person; this is why you are called a blind, self-willed manmukh. ||2||	ਹੇ ਮਨ ਦੇ ਮੁਰੀਦ ਮੂਰਖ! ਤੂੰ ਫੋਕੇ ਕੰਮ ਕਰ ਰਿਹਾ ਹੈਂ, (ਅੱਖਾਂ ਹੁੰਦਿਆਂ ਭੀ) ਤੂੰ (ਆਤਮਕ ਜੀਵਨ ਵੱਲੋਂ) ਅੰਨ੍ਹਾ ਅਖਵਾ ਰਿਹਾ ਹੈਂ ॥੨॥
42817	1001	ਸਤਿ ਹੋਤਾ ਅਸਤਿ ਕਰਿ ਮਾਨਿਆ ਜੋ ਬਿਨਸਤ ਸੋ ਨਿਹਚਲੁ ਜਾਨਥ॥	ਸੱਤਿ, ਅ-ਸੱਤਿ	Sath Hothaa Asath Kar Maaniaa Jo Binasath So Nihachal Jaanathh ||	That which is true, you believe to be untrue; what is transitory, you believe to be permanent.	ਜਿਹੜਾ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ, ਤੂੰ ਉਸ ਦੀ ਹਸਤੀ ਹੀ ਨਹੀਂ ਮੰਨਦਾ, ਜਿਹੜਾ ਇਹ ਨਾਸਵੰਤ ਜਗਤ ਹੈ ਇਸ ਨੂੰ ਤੂੰ ਅਟੱਲ ਸਮਝਦਾ ਹੈਂ।
42818	1001	ਪਰ ਕੀ ਕਉ ਅਪਨੀ ਕਰਿ ਪਕਰੀ ਐਸੇ ਭੂਲ ਭੁਲਾਨਥ॥੩॥		Par Kee Ko Apanee Kar Pakaree Aisae Bhool Bhulaanathh ||3||	You grasp as your own, what belongs to others; in such delusions you are deluded. ||3||	ਜਿਸ ਮਾਇਆ ਨੇ ਜ਼ਰੂਰ ਪਰਾਈ ਹੋ ਜਾਣਾ ਹੈ ਇਸ ਨੂੰ ਤੂੰ ਆਪਣੀ ਜਾਣ ਕੇ ਜੱਫਾ ਮਾਰੀ ਬੈਠਾ ਹੈਂ। ਕੈਸੀ ਅਚਰਜ ਭੁੱਲ ਵਿਚ ਭੁੱਲਾ ਪਿਆ ਹੈਂ! ॥੩॥
42819	1001	ਖਤ੍ਰੀ ਬ੍ਰਾਹਮਣ ਸੂਦ ਵੈਸ ਸਭ ਏਕੈ ਨਾਮਿ ਤਰਾਨਥ॥		Khathree Braahaman Soodh Vais Sabh Eaekai Naam Tharaanathh ||	The Kh'shaatriyas, Brahmins, Soodras and Vaishyas all cross over, through the Name of the One Lord.	ਖੱਤਰੀ ਬ੍ਰਾਹਮਣ ਸ਼ੂਦਰ ਵੈਸ਼ (ਕਿਸੇ ਭੀ ਵਰਨ ਦੇ ਜੀਵ ਹੋਣ) ਸਾਰੇ ਇਕ ਹਰੀ-ਨਾਮ ਦੀ ਰਾਹੀਂ ਹੀ ਸੰਸਾਰ-ਸਾਗਰ ਤੋਂ ਤਰਦੇ ਹਨ।

42820	1001	ਗੁਰੁ ਨਾਨਕੁ ਉਪਦੇਸੁ ਕਹਤੁ ਹੈ ਜੋ ਸੁਨੈ ਸੋ ਪਾਰਿ ਪਰਾਨਥ॥੪॥੧॥੧੦॥		Gur Naanak Oupadhaes Kehath Hai Jo Sunai So Paar Paraanathh ||4||1||10||	Guru Nanak speaks the Teachings; whoever listens to them is carried across. ||4||1||10||	ਜਿਹੜਾ ਉਪਦੇਸ਼ ਗੁਰੂ ਨਾਨਕ ਕਰਦਾ ਹੈ ਜਿਸ ਨੂੰ ਜੋ ਮਨੁੱਖ ਸੁਣਦਾ ਹੈ ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੪॥੧॥੧੦॥
42821	1001	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
42822	1001	ਗੁਪਤੁ ਕਰਤਾ ਸੰਗਿ ਸੋ ਪ੍ਰਭੁ ਡਹਕਾਵਏ ਮਨੁਖਾਇ॥	ਡਹਕਾ–ਵਏ। (ਮਨੁਖਾਇ) ਇਸਤ੍ਰੀ	Gupath Karathaa Sang So Prabh Ddehakaaveae Manukhaae ||	You may act in secrecy, but God is still with you; you can only deceive other people.	(ਮਨੁੱਖ) ਲੁਕ ਕੇ (ਵਿਕਾਰ) ਕਰਦਾ ਹੈ, (ਪਰ ਵੇਖਣ ਵਾਲਾ) ਉਹ ਪ੍ਰਭੂ (ਹਰ ਵੇਲੇ ਇਸ ਦੇ) ਨਾਲ ਹੁੰਦਾ ਹੈ (ਵਿਕਾਰੀ ਮਨੁੱਖ ਪ੍ਰਭੂ ਨੂੰ ਠੱਗ ਨਹੀਂ ਸਕਦਾ, ਇਹ ਤਾਂ) ਮਨੁੱਖਾਂ ਨੂੰ ਹੀ ਠੱਗਦਾ ਹੈ।
42823	1001	ਬਿਸਾਰਿ ਹਰਿ ਜੀਉ ਬਿਖੈ ਭੋਗਹਿ ਤਪਤ ਥੰਮ ਗਲਿ ਲਾਇ॥੧॥		Bisaar Har Jeeo Bikhai Bhogehi Thapath Thhanm Gal Laae ||1||	Forgetting your Dear Lord, you enjoy corrupt pleasures, and so you shall have to embrace red-hot pillars. ||1||	ਪਰਮਾਤਮਾ ਨੂੰ ਵਿਸਾਰ ਕੇ ਵਿਕਾਰਾਂ ਦੀ ਅੱਗ ਵਿਚ ਸੜ ਸੜ ਕੇ ਤੂੰ ਵਿਸ਼ੇ ਭੋਗਦਾ ਰਹਿੰਦਾ ਹੈਂ ॥੧॥
42824	1001	ਰੇ ਨਰ ਕਾਇ ਪਰ ਗ੍ਰਿਹਿ ਜਾਇ॥		Rae Nar Kaae Par Grihi Jaae ||	O man, why do you go out to the households of others?	ਹੇ ਮਨੁੱਖ! ਪਰਾਏ ਘਰ ਵਿਚ ਜਾ ਕੇ ਇਉਂ (ਮੰਦ ਕਰਮ ਕਰਦਾ ਹੈਂ)?

42825	1001	ਕੁਚਲ ਕਠੋਰ ਕਾਮਿ ਗਰਧਭ ਤੁਮ ਨਹੀ ਸੁਨਿਓ ਧਰਮਰਾਇ॥੧॥ਰਹਾਉ॥		Kuchal Kathor Kaam Garadhhabh Thum Nehee Suniou Dhharam Raae ||1|| Rehaao ||	You filthy, heartless, lustful donkey! Haven't you heard of the Righteous Judge of Dharma? ||1||Pause||	ਹੇ ਗੰਦੇ! ਹੇ ਪੱਥਰ-ਦਿਲ! ਹੇ ਵਿਸ਼ਈ! ਹੇ ਖੋਤੇ ਮੂਰਖ! ਕੀ ਤੂੰ ਧਰਮਰਾਜ (ਦਾ ਨਾਮ ਕਦੇ) ਨਹੀਂ ਸੁਣਿਆ? ॥੧॥ ਰਹਾਉ ॥
42826	1001	ਬਿਕਾਰ ਪਾਥਰ ਗਲਹਿ ਬਾਧੇ ਨਿੰਦ ਪੋਟ ਸਿਰਾਇ॥		Bikaar Paathhar Galehi Baadhhae Nindh Pott Siraae ||	The stone of corruption is tied around your neck, and the load of slander is on your head.	ਵਿਕਾਰਾਂ ਦੇ ਪੱਥਰ (ਤੇਰੇ) ਗਲ ਨਾਲ ਬੱਝੇ ਪਏ ਹਨ, ਨਿੰਦਾ ਦੀ ਪੋਟਲੀ (ਤੇਰੇ) ਸਿਰ ਉੱਤੇ ਹੈ।
42827	1001	ਮਹਾ ਸਾਗਰੁ ਸਮੁਦੁ ਲੰਘਨਾ ਪਾਰਿ ਨ ਪਰਨਾ ਜਾਇ॥੨॥		Mehaa Saagar Samudh Langhanaa Paar N Paranaa Jaae ||2||	You must cross over the vast open ocean, but you cannot cross over to the other side. ||2||	ਵੱਡਾ ਸੰਸਾਰ-ਸਮੁੰਦਰ (ਹੈ ਜਿਸ ਤੋਂ) ਲੰਘਣਾ ਹੈ (ਇਤਨੇ ਭਾਰ ਨਾਲ ਇਸ ਵਿਚੋਂ) ਪਾਰ ਨਹੀਂ ਲੰਘਿਆ ਜਾ ਸਕਦਾ ॥੨॥
42828	1001	ਕਾਮਿ ਕ੍ਰੋਧਿ ਲੋਭਿ ਮੋਹਿ ਬਿਆਪਿਓ ਨੇਤ੍ਰ ਰਖੇ ਫਿਰਾਇ॥		Kaam Krodhh Lobh Mohi Biaapiou Naethr Rakhae Firaae ||	You are engrossed in sexual desire, anger, greed and emotional attachment; you have turned your eyes away from the Truth.	(ਤੂੰ) ਕਾਮ ਵਿਚ ਕ੍ਰੋਧ ਵਿਚ, ਲੋਭ ਵਿਚ, ਮੋਹ ਵਿਚ, ਫਸਿਆ ਪਿਆ ਹੈਂ; ਤੂੰ ਪਰਮਾਤਮਾ ਵੱਲੋਂ ਅੱਖਾਂ ਫੇਰ ਰੱਖੀਆਂ ਹਨ।

42829	1001	ਸੀਸੁ ਉਠਾਵਨ ਨ ਕਬਹੂ ਮਿਲਈ ਮਹਾ ਦੁਤਰ ਮਾਇ॥੩॥	ਦੁੱਤ-ਰ	Sees Outhaavan N Kabehoo Milee Mehaa Dhuthar Maae ||3||	You cannot even raise your head above the water of the vast, impassable sea of Maya. ||3||	(ਇਹਨਾਂ ਵਿਕਾਰਾਂ ਵਲੋਂ ਤੈਨੂੰ) ਕਦੇ ਭੀ ਸਿਰ ਚੁੱਕਣਾ ਨਹੀਂ ਮਿਲਦਾ। (ਤੇਰੇ ਅੱਗੇ) ਮਾਇਆ ਦਾ ਵੱਡਾ ਸਮੁੰਦਰ ਹੈ ਜਿਸ ਵਿਚੋਂ ਪਾਰ ਲੰਘਣਾ ਬਹੁਤ ਔਖਾ ਹੈ ॥੩॥
42830	1001	ਸੂਰੁ ਮੁਕਤਾ ਸਸੀ ਮੁਕਤਾ ਬ੍ਰਹਮਗਿਆਨੀ ਅਲਿਪਾਇ॥	ਸਸੀ: ਪੋਲਾ ਬੋਲੋ।ਅ-ਲਿਪਾਇ	Soor Mukathaa Sasee Mukathaa Breham Giaanee Alipaae ||	The sun is liberated, and the moon is liberated; the God-realized being is pure and untouched.	ਜਿਹੜਾ ਮਨੁੱਖ ਪ੍ਰਭੂ ਨਾਲ ਡੂੰਘੀ ਸਾਂਝ ਪਾਈ ਰੱਖਦਾ ਹੈ ਉਹ ਮਾਇਆ ਤੋਂ ਇਉਂ ਨਿਰਲੇਪ ਰਹਿੰਦਾ ਹੈ ਜਿਵੇਂ ਸੂਰਜ (ਚੰਗੇ ਮੰਦੇ ਹਰੇਕ ਥਾਂ ਆਪਣੀ ਰੌਸ਼ਨੀ ਦੇ ਕੇ) ਮੈਲ ਆਦਿਕ ਤੋਂ ਸਾਫ਼ ਹੈ, ਜਿਵੇਂ ਚੰਦ੍ਰਮਾ ਭੀ (ਇਸੇ ਤਰ੍ਹਾਂ) ਸਾਫ਼ ਹੈ।
42831	1001	ਸੁਭਾਵਤ ਜੈਸੇ ਬੈਸੰਤਰ ਅਲਿਪਤ ਸਦਾ ਨਿਰਮਲਾਇ॥੪॥	ਅ-ਲਿਪਤ	Subhaavath Jaisae Baisanthar Alipath Sadhaa Niramalaae ||4||	His inner nature is like that of fire, untouched and forever immaculate. ||4||	ਬ੍ਰਹਮ ਨਾਲ ਜਾਣ-ਪਛਾਣ ਰੱਖਣ ਵਾਲਾ ਇਉਂ ਸੋਹਣਾ ਲੱਗਦਾ ਹੈ ਜਿਵੇਂ (ਹਰੇਕ ਕਿਸਮ ਦੀ ਮੈਲ ਨੂੰ ਸਾੜ ਕੇ ਭੀ) ਅੱਗ (ਮੈਲ ਤੋਂ) ਨਿਰਲੇਪ ਹੈ ਅਤੇ ਸਦਾ ਨਿਰਮਲ ਹੈ ॥੪॥
42832	1001	ਜਿਸੁ ਕਰਮੁ ਖੁਲਿਆ ਤਿਸੁ ਲਹਿਆ ਪੜਦਾ ਜਿਨਿ ਗੁਰ ਪਹਿ ਮੰਨਿਆ ਸੁਭਾਇ॥	ਖ੍ਹੱਲਿਆ	Jis Karam Khuliaa This Lehiaa Parradhaa Jin Gur Pehi Manniaa Subhaae ||	When good karma dawns, the wall of doubt is torn down. He lovingly accepts the Guru's Will.	ਜਿਸ ਮਨੁੱਖ ਦਾ ਭਾਗ ਜਾਗ ਪੈਂਦਾ ਹੈ, ਜਿਸ ਨੇ ਗੁਰੂ ਦੀ ਸਰਨ ਵਿਚ ਰਹਿ ਕੇ ਪ੍ਰੇਮ ਨਾਲ ਰਜ਼ਾ ਨੂੰ ਮੰਨ ਲਿਆ ਉਸ (ਦੀਆਂ ਅੱਖਾਂ ਤੋਂ ਮਾਇਆ ਦੇ ਮੋਹ) ਦਾ ਪੜਦਾ ਲਹਿ ਜਾਂਦਾ ਹੈ।

42833	1002	ਗੁਰਿ ਮੰਤ੍ਰੁ ਅਵਖਧੁ ਨਾਮੁ ਦੀਨਾ ਜਨ ਨਾਨਕ ਸੰਕਟ ਜੋਨਿ ਨ ਪਾਇ॥੫॥੨॥		Gur Manthra Avakhadhh Naam Dheenaa Jan Naanak Sankatt Jon N Paae ||5||2||	One who is blessed with the medicine of the GurMantra, the Name of the Lord, O servant Nanak, does not suffer the agonies of reincarnation. ||5||2||	ਹੇ ਦਾਸ ਨਾਨਕ! ਜਿਸ ਨੂੰ ਗੁਰੂ ਨੇ ਨਾਮ-ਮੰਤ੍ਰ ਦੇ ਦਿੱਤਾ, ਨਾਮ-ਦਾਰੂ ਦੇ ਦਿੱਤਾ, ਉਹ ਮਨੁੱਖ (ਚੌਰਾਸੀ ਲੱਖ) ਜੂਨਾਂ ਦੇ ਕਲੇਸ਼ ਨਹੀਂ ਪਾਂਦਾ ॥੫॥੨॥
42834	1002	ਰੇ ਨਰ ਇਨ ਬਿਧਿ ਪਾਰਿ ਪਰਾਇ॥	ਬਿਧਿ: ਪੌਲਾ ਬੋਲੋ	Rae Nar Ein Bidhh Paar Paraae ||	O man, in this way, you shall cross over to the other side.	ਇਸ ਤਰ੍ਹਾਂ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।
42835	1002	ਧਿਆਇ ਹਰਿ ਜੀਉ ਹੋਇ ਮਿਰਤਕੁ ਤਿਆਗਿ ਦੂਜਾ ਭਾਉ॥ਰਹਾਉ ਦੂਜਾ॥੨॥੧੧॥		Dhhiaae Har Jeeo Hoe Mirathak Thiaag Dhoojaa Bhaao || Rehaao Dhoojaa ||2||11||	Meditate on your Dear Lord, and be dead to the world; renounce your love of duality. ||Second Pause||2||11||	ਤੂੰ ਭੀ ਪਰਮਾਤਮਾ ਦਾ ਧਿਆਨ ਧਰਿਆ ਕਰ, ਵਿਕਾਰਾਂ ਵਲੋਂ ਮੁਰਦਾ ਹੋ ਜਾ, ਅਤੇ ਪ੍ਰਭੂ ਤੋਂ ਬਿਨਾ ਹੋਰ ਹੋਰ ਪਿਆਰ ਛੱਡ ਦੇਹ।ਰਹਾਉ ਦੂਜਾ ॥੨॥੧੧॥
42836	1002	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	

42837	1002	ਬਾਹਰਿ ਢੂਢਨ ਤੇ ਛੂਟਿ ਪਰੇ ਗੁਰਿ ਘਰ ਹੀ ਮਾਹਿ ਦਿਖਾਇਆ ਥਾ॥	ਬਾ-ਹਰਿ	Baahar Dtoodtan Thae Shhoott Parae Gur Ghar Hee Maahi Dhikhaaeiaa Thhaa ||	I have quit searching outside; the Guru has shown me that God is within the home of my own heart.	(ਕਿਉਂਕਿ) ਗੁਰੂ ਨੇ ਹਿਰਦੇ ਵਿਚ ਹੀ ਮੈਨੂੰ ਪਰਮਾਤਮਾ ਦਾ ਦੀਦਾਰ ਕਰਵਾ ਦਿੱਤਾ ਹੈ, ਹੁਣ ਮੈਂ ਪਰਮਾਤਮਾ ਦੀ ਭਾਲ ਬਾਹਰ (ਜੰਗਲਾਂ ਵਿਚ) ਕਰਨ ਤੋਂ ਬਚ ਗਿਆ ਹਾਂ।
42838	1002	ਅਨਭਉ ਅਚਰਜ ਰੂਪੁ ਪ੍ਰਭ ਪੇਖਿਆ ਮੇਰਾ ਮਨੁ ਛੋਡਿ ਨ ਕਤਹੂ ਜਾਇਆ ਥਾ॥੧॥	ਅਨ-ਭਉ ਅ-ਚਰਜ	Anabho Acharaj Roop Prabh Paekhiaa Maeraa Man Shhodd N Kathehoo Jaaeiaa Thhaa ||1||	I have seen God, fearless, of wondrous beauty; my mind shall never leave Him to go anywhere else. ||1||	ਜਦੋਂ ਪਰਮਾਤਮਾ ਦੇ ਅਸਚਰਜ ਰੂਪ ਦਾ ਹਿਰਦੇ ਵਿੱਚ ਅਨੁਭਵ ਹੋ ਗਿਆ ਹੈ, ਤਾਂ ਹੁਣ ਮੇਰਾ ਮਨ ਉਸਦਾ ਆਸਰਾ ਛੱਡ ਕਿਸੇ ਹੋਰ ਪਾਸੇ ਨਹੀਂ ਭਟਕਦਾ ॥੧॥
42839	1002	ਮਾਨਕੁ ਪਾਇਓ ਰੇ ਪਾਇਓ ਹਰਿ ਪੂਰਾ ਪਾਇਆ ਥਾ॥		Maanak Paaeiou Rae Paaeiou Har Pooraa Paaeiaa Thhaa ||	I have found the jewel; I have found the Perfect Lord.	ਮੈਂ ਮੋਤੀ ਲੱਭ ਲਿਆ ਹੈ, ਮੈਂ ਪੂਰਨ ਪਰਮਾਤਮਾ ਲੱਭ ਲਿਆ ਹੈ।
42840	1002	ਮੋਲਿ ਅਮੋਲੁ ਨ ਪਾਇਆ ਜਾਈ ਕਰਿ ਕਿਰਪਾ ਗੁਰੂ ਦਿਵਾਇਆ ਥਾ॥੧॥ਰਹਾਉ॥		Mol Amol N Paaeiaa Jaaee Kar Kirapaa Guroo Dhivaaeiaa Thhaa ||1|| Rehaao ||	The invaluable value cannot be obtained; in His Mercy, the Guru bestows it. ||1||Pause||	ਇਹ ਮੋਤੀ ਬਹੁਤ ਅਮੋਲਕ ਹੈ, ਕਿਸੇ ਮੁੱਲ ਤੋਂ ਨਹੀਂ ਮਿਲ ਸਕਦਾ। ਮੈਨੂੰ ਤਾਂ ਇਹ ਮੋਤੀ ਗੁਰੂ ਨੇ ਦਿਵਾ ਦਿੱਤਾ ਹੈ ॥੧॥ ਰਹਾਉ ॥

42841	1002	ਅਦਿਸਟੁ ਅਗੋਚਰੁ ਪਾਰਬ੍ਰਹਮੁ ਮਿਲਿ ਸਾਧੂ ਅਕਥੁ ਕਥਾਇਆ ਥਾ॥	ਅ-ਕਥੁ: ਪੋਲਾ ਬੋਲੋ	Adhisatt Agochar Paarabreham Mil Saadhhoo Akathh Kathhaaeiaa Thhaa ||	The Supreme Lord God is imperceptible and unfathomable; meeting the Holy Saint, I speak the Unspoken Speech.	ਪਰਮਾਤਮਾ ਇਹਨਾਂ ਅੱਖਾਂ ਨਾਲ ਨਹੀਂ ਦਿੱਸਦਾ, ਸਾਡੇ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਉਸ ਦਾ ਮੁਕੰਮਲ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ। ਗੁਰੂ ਨੂੰ ਮਿਲ ਕੇ ਮੈਂ ਉਸ ਦੀ ਸਿਫ਼ਤ-ਸਾਲਾਹ ਕਰਨੀ ਸ਼ੁਰੂ ਕਰ ਦਿੱਤੀ ਹੈ।
42842	1002	ਅਨਹਦ ਸਬਦੁ ਦਸਮਦੁਆਰਿ ਵਜਿਓ ਤਹ ਅੰਮ੍ਰਿਤ ਨਾਮੁ ਚੁਆਇਆ ਥਾ॥੨॥	ਵੱਜਿਓ	Anehadh Sabadh Dhasam Dhuaar Vajiou Theh Anmrith Naam Chuaaeiaa Thhaa ||2||	The unstruck sound current of the Shabad vibrates and resounds in the Tenth Gate; the Ambrosial Naam trickles down there. ||2||	ਮੇਰੇ ਦਿਮਾਗ਼ ਵਿਚ ਹੁਣ ਹਰ ਵੇਲੇ ਸਿਫ਼ਤ-ਸਾਲਾਹ ਦੀ ਬਾਣੀ ਪ੍ਰਭਾਵ ਪਾ ਰਹੀ ਹੈ; ਮੇਰੇ ਅੰਦਰ ਹੁਣ ਹਰ ਵੇਲੇ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਚੋ ਰਿਹਾ ਹੈ ॥੨॥
42843	1002	ਤੋਟਿ ਨਾਹੀ ਮਨਿ ਤ੍ਰਿਸਨਾ ਬੂਝੀ ਅਖੁਟ ਭੰਡਾਰ ਸਮਾਇਆ ਥਾ॥		Thott Naahee Man Thrisanaa Boojhee Akhutt Bhanddaar Samaaeiaa Thhaa ||	I lack nothing; the thirsty desires of my mind are satisfied. The inexhaustible treasure has entered into my being.	ਮੇਰੇ ਮਨ ਵਿਚ ਕਦੇ ਨਾਹ ਮੁੱਕਣ ਵਾਲੇ ਨਾਮ-ਖ਼ਜ਼ਾਨੇ ਭਰ ਗਏ ਹਨ, ਇਹਨਾਂ ਖ਼ਜ਼ਾਨਿਆਂ ਵਿਚ ਕਦੇ ਕਮੀ ਨਹੀਂ ਆ ਸਕਦੀ, ਮਨ ਵਿਚ (ਵੱਸ-ਰਹੀ) ਤ੍ਰਿਸ਼ਨਾ (-ਅੱਗ ਦੀ ਲਾਟ) ਬੁੱਝ ਗਈ ਹੈ।

42844	1002	ਚਰਣ ਚਰਣ ਚਰਣ ਗੁਰ ਸੇਵੇ ਅਘੜੁ ਘੜਿਓ ਰਸੁ ਪਾਇਆ ਥਾ॥੩॥	ਅ-ਘੜੁ	Charan Charan Charan Gur Saevae Agharr Gharriou Ras Paaeiaa Thhaa ||3||	I serve the feet, the feet, the feet of the Guru, and manage the unmanageable. I have found the juice, the sublime essence. ||3||	ਮੈਂ ਹਰ ਵੇਲੇ ਗੁਰੂ ਦੇ ਚਰਨਾਂ ਦਾ ਆਸਰਾ ਲੈ ਰਿਹਾ ਹਾਂ। ਮੈਂ ਨਾਮ-ਅੰਮ੍ਰਿਤ ਦਾ ਸੁਆਦ ਚੱਖ ਲਿਆ ਹੈ, ਤੇ ਪਹਿਲੀ ਕੋਝੀ ਘਾੜਤ ਵਾਲਾ ਮਨ ਹੁਣ ਸੋਹਣਾ ਬਣ ਗਿਆ ਹੈ ॥੩॥
42845	1002	ਸਹਜੇ ਆਵਾ ਸਹਜੇ ਜਾਵਾ ਸਹਜੇ ਮਨੁ ਖੇਲਾਇਆ ਥਾ॥		Sehajae Aavaa Sehajae Jaavaa Sehajae Man Khaelaaeiaa Thhaa ||	Intuitively I come, and intuively I go; my mind intuitively plays.	ਨਾਮ-ਖ਼ਜ਼ਾਨੇ ਦੀ ਬਰਕਤਿ ਨਾਲ ਮੇਰਾ ਮਨ ਹਰ ਵੇਲੇ ਆਤਮਕ ਅਡੋਲਤਾ ਵਿਚ ਟਿਕ ਕੇ ਕਾਰ-ਵਿਹਾਰ ਕਰ ਰਿਹਾ ਹੈ, ਮਨ ਸਦਾ ਆਤਮਕ ਅਡੋਲਤਾ ਵਿਚ ਖੇਡ ਰਿਹਾ ਹੈ।
42846	1002	ਕਹੁ ਨਾਨਕ ਭਰਮੁ ਗੁਰਿ ਖੋਇਆ ਤਾ ਹਰਿ ਮਹਲੀ ਮਹਲੁ ਪਾਇਆ ਥਾ॥੪॥੩॥੧੨॥		Kahu Naanak Bharam Gur Khoeiaa Thaa Har Mehalee Mehal Paaeiaa Thhaa ||4||3||12||	Says Nanak, when the Guru drives out doubt, then the soul-bride enters the Mansion of the Lord's Presence. ||4||3||12||	ਨਾਨਕ ਆਖਦਾ ਹੈ- (ਜਦੋਂ ਦੀ) ਗੁਰੂ ਨੇ ਮੇਰੀ ਭਟਕਣਾ ਦੂਰ ਕਰ ਦਿੱਤੀ ਹੈ, ਤਦੋਂ ਤੋਂ ਮੈਂ ਸਦਾ ਅਸਥਿਰ ਟਿਕਾਣੇ ਵਾਲੇ ਹਰੀ (ਦੇ ਚਰਨਾਂ ਵਿਚ) ਟਿਕਾਣਾ ਲੱਭ ਲਿਆ ਹੈ ॥੪॥੩॥੧੨॥
42847	1002	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
42848	1002	ਜਿਸਹਿ ਸਾਜਿ ਨਿਵਾਜਿਆ ਤਿਸਹਿ ਸਿਉ ਰੁਚ ਨਾਹਿ॥		Jisehi Saaj Nivaajiaa Thisehi Sio Ruch Naahi ||	You feel no love for the One who created and embellished you.	ਜਿਸ ਪਰਮਾਤਮਾ ਨੇ ਤੈਨੂੰ ਪੈਦਾ ਕਰ ਕੇ ਕਈ ਬਖ਼ਸ਼ਸ਼ਾਂ ਕੀਤੀਆਂ ਹੋਈਆਂ ਹਨ, ਉਸ ਨਾਲ ਹੀ ਤੇਰਾ ਪਿਆਰ ਨਹੀਂ ਹੈ।

42849	1002	ਆਨ ਰੂਤੀ ਆਨ ਬੋਈਐ ਫਲੁ ਨ ਫੂਲੈ ਤਾਹਿ॥੧॥		Aan Roothee Aan Boeeai Fal N Foolai Thaahi ||1||	The seed, planted out season, does not germinate; it does not produce flower or fruit. ||1||	(ਤੂੰ ਹੋਰ ਹੋਰ ਆਹਰਾਂ ਵਿਚ ਲੱਗਾ ਫਿਰਦਾ ਹੈਂ, ਪਰ ਜੇ) ਰੁੱਤ ਕੋਈ ਹੋਵੇ, ਬੀਜ ਕੋਈ ਹੋਰ ਬੀਜ ਦੇਈਏ, ਉਸ ਨੂੰ ਨਾਹ ਫੁੱਲ ਲੱਗਦਾ ਹੈ ਨਾਹ ਫਲ ॥੧॥
42850	1002	ਰੇ ਮਨ ਵਤ੍ਰ ਬੀਜਣ ਨਾਉ॥		Rae Man Vathr Beejan Naao ||	O mind, this is the time to plant the seed of the Name.	ਹੇ (ਮੇਰੇ) ਮਨ! (ਇਹ ਮਨੁੱਖਾ ਜੀਵਨ ਪਰਮਾਤਮਾ ਦਾ) ਨਾਮ-ਬੀਜਣ ਲਈ ਢੁਕਵਾਂ ਸਮਾ ਹੈ।
42851	1002	ਬੋਇ ਖੇਤੀ ਲਾਇ ਮਨੂਆ ਭਲੋ ਸਮਉ ਸੁਆਉ॥੧॥ਰਹਾਉ॥		Boe Khaethee Laae Manooaa Bhalo Samo Suaao ||1|| Rehaao ||	Focus your mind, and cultivate this crop; at the proper time, make this your purpose. ||1||Pause||	ਆਪਣਾ ਮਨ ਲਾ ਕੇ (ਹਿਰਦੇ ਦੀ) ਖੇਤੀ ਵਿਚ (ਨਾਮ) ਬੀਜ ਲੈ। ਇਹੀ ਚੰਗਾ ਮੌਕਾ ਹੈ, (ਇਸੇ ਵਿਚ) ਲਾਭ ਹੈ ॥੧॥ ਰਹਾਉ ॥
42852	1002	ਖੋਇ ਖਹੜਾ ਭਰਮੁ ਮਨ ਕਾ ਸਤਿਗੁਰ ਸਰਣੀ ਜਾਇ॥		Khoe Kheharraa Bharam Man Kaa Sathigur Saranee Jaae ||	Eradicate the stubbornness and doubt of your mind, and go to the Sanctuary of the True Guru.	ਆਪਣੇ ਮਨ ਦੀ ਜ਼ਿੱਦ ਆਪਣੇ ਮਨ ਦੀ ਭਟਕਣਾ ਦੂਰ ਕਰ, ਤੇ, ਗੁਰੂ ਦੀ ਸਰਨ ਜਾ ਪਉ (ਤੇ ਪਰਮਾਤਮਾ ਦਾ ਨਾਮ-ਬੀਜ ਬੀਜ ਲੈ)।
42853	1002	ਕਰਮੁ ਜਿਸ ਕਉ ਧੁਰਹੁ ਲਿਖਿਆ ਸੋਈ ਕਾਰ ਕਮਾਇ॥੨॥		Karam Jis Ko Dhhurahu Likhiaa Soee Kaar Kamaae ||2||	He alone does such deeds, who has such pre-ordained karma. ||2||	ਪਰ ਇਹ ਕਾਰ ਉਹੀ ਮਨੁੱਖ ਕਰਦਾ ਹੈ ਜਿਸ ਦੇ ਮੱਥੇ ਉਤੇ ਪ੍ਰਭੂ ਦੀ ਹਜ਼ੂਰੀ ਤੋਂ ਇਹ ਲੇਖ ਲਿਖਿਆ ਹੋਇਆ ਹੋਵੇ ॥੨॥

42854	1002	ਭਾਉ ਲਾਗਾ ਗੋਬਿਦ ਸਿਉ ਘਾਲ ਪਾਈ ਥਾਇ॥		Bhaao Laagaa Gobidh Sio Ghaal Paaee Thhaae ||	He falls in love with the Lord of the Universe, and his efforts are approved.	ਜਿਸ ਮਨੁੱਖ ਦਾ ਪਰਮਾਤਮਾ ਨਾਲ ਪਿਆਰ ਬਣ ਜਾਂਦਾ ਹੈ, (ਉਸ ਦੀ ਨਾਮ ਸਿਮਰਨ ਦੀ) ਮਿਹਨਤ ਪਰਮਾਤਮਾ ਪਰਵਾਨ ਕਰ ਲੈਂਦਾ ਹੈ।
42855	1002	ਖੇਤਿ ਮੇਰੈ ਜੰਮਿਆ ਨਿਖੁਟਿ ਨ ਕਬਹੂ ਜਾਇ॥੩॥		Khaeth Maerai Janmiaa Nikhutt N Kabehoo Jaae ||3||	My crop has germinated, and it shall never be used up. ||3||	ਮੇਰੇ ਹਿਰਦੇ-ਖੇਤ ਵਿਚ ਭੀ ਉਹ ਨਾਮ-ਫ਼ਸਲ ਉੱਗ ਪਿਆ ਹੈ ਜੋ ਕਦੇ ਭੀ ਮੁੱਕਦਾ ਨਹੀਂ ॥੩॥
42856	1002	ਪਾਇਆ ਅਮੋਲੁ ਪਦਾਰਥੋ ਛੋਡਿ ਨ ਕਤਹੂ ਜਾਇ॥		Paaeiaa Amol Padhaarathho Shhodd N Kathehoo Jaae ||	I have obtained the priceless wealth, which shall never leave me or go anywhere else.	ਜਿਨ੍ਹਾਂ ਮਨੁੱਖਾਂ ਨੇ (ਪ੍ਰਭੂ ਦਾ ਨਾਮ) ਅਮੋਲਕ ਪਦਾਰਥ ਲੱਭ ਲਿਆ, ਉਹ ਇਸ ਨੂੰ ਛੱਡ ਕੇ ਕਿਸੇ ਹੋਰ ਪਾਸੇ ਨਹੀਂ ਭਟਕਦੇ;
42857	1002	ਕਹੁ ਨਾਨਕ ਸੁਖੁ ਪਾਇਆ ਤ੍ਰਿਪਤਿ ਰਹੇ ਆਘਾਇ॥੪॥੪॥੧੩॥		Kahu Naanak Sukh Paaeiaa Thripath Rehae Aaghaae ||4||4||13||	Says Nanak, I have found peace; I am satisfied and fulfilled. ||4||4||13||	ਹੇ ਨਾਨਕ! ਉਹ ਆਤਮਕ ਆਨੰਦ ਮਾਣਦੇ ਹਨ, ਉਹ (ਮਾਇਆ ਵਲੋਂ) ਪੂਰਨ ਤੌਰ ਤੇ ਸੰਤੋਖੀ ਜੀਵਨ ਵਾਲੇ ਹੋ ਜਾਂਦੇ ਹਨ ॥੪॥੪॥੧੩॥
42858	1002	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	

42859	1002	ਫੂਟੋ ਆਂਡਾ ਭਰਮ ਕਾ ਮਨਹਿ ਭਇਓ ਪਰਗਾਸੁ॥		Footto Aanddaa Bharam Kaa Manehi Bhaeiou Paragaas ||	The egg of doubt has burst; my mind has been enlightened.	ਉਸ ਮਨੁੱਖ ਦੇ ਮਨ ਵਿਚ ਆਤਮਕ ਜੀਵਨ ਦੀ ਸੂਝ ਪੈਦਾ ਹੋ ਗਈ, ਉਸ ਦਾ ਭਰਮ (ਭਟਕਣ) ਦਾ ਆਂਡਾ ਫੁੱਟ ਗਿਆ (ਉਸ ਦਾ ਮਨ ਆਤਮਕ ਉਡਾਰੀ ਲਾਣ-ਜੋਗਾ ਹੋ ਗਿਆ, ਜਿਵੇਂ ਆਂਡੇ ਦੇ ਖ਼ੋਲ ਦੇ ਫੁੱਟ ਜਾਣ ਪਿੱਛੋਂ ਉਸ ਦੇ ਅੰਦਰ ਦਾ ਪੰਛੀ ਉਡਾਰੀਆਂ ਲਾਣ ਜੋਗਾ ਹੋ ਜਾਂਦਾ ਹੈ)
42860	1002	ਕਾਟੀ ਬੇਰੀ ਪਗਹ ਤੇ ਗੁਰਿ ਕੀਨੀ ਬੰਦਿ ਖਲਾਸੁ॥੧॥	ਪਗ-ਹ: ਪੋਲਾ ਬੋਲੋ	Kaattee Baeree Pageh Thae Gur Keenee Bandh Khalaas ||1||	The Guru has shattered the shackles on my feet, and has set me free. ||1||	ਜਿਸ ਦੇ ਪੈਰਾਂ ਤੋਂ ਗੁਰੂ ਨੇ (ਮੋਹ ਦੀਆਂ) ਬੇੜੀਆਂ ਕੱਟ ਦਿੱਤੀਆਂ, ਜਿਸ ਨੂੰ ਮੋਹ ਦੀ ਕੈਦ ਤੋਂ ਛੁਟਕਾਰਾ ਦੇ ਦਿੱਤਾ ॥੧॥
42861	1002	ਆਵਣ ਜਾਣੁ ਰਹਿਓ॥		Aavan Jaan Rehiou ||	My coming and going in reincarnation is ended.	ਉਸ ਮਨੁੱਖ ਦੀ (ਮਾਇਆ ਦੀ ਖ਼ਾਤਰ) ਭਟਕਣਾ ਮੁੱਕ ਗਈ,
42862	1002	ਤਪਤ ਕੜਾਹਾ ਬੁਝਿ ਗਇਆ ਗੁਰਿ ਸੀਤਲ ਨਾਮੁ ਦੀਓ॥੧॥ਰਹਾਉ॥	ਬੁਝਿ: ਪੋਲਾ ਬੋਲੋ,ਗ-ਇਆ	Thapath Karraahaa Bujh Gaeiaa Gur Seethal Naam Dheeou ||1|| Rehaao ||	The boiling cauldron has cooled down; the Guru has blessed me with the cooling, soothing Naam, the Name of the Lord. ||1||Pause||	ਜਿਸ ਨੂੰ ਗੁਰੂ ਨੇ ਆਤਮਕ ਠੰਢ ਦੇਣ ਵਾਲਾ ਹਰਿ-ਨਾਮ ਦੇ ਦਿੱਤਾ, ਉਸ ਦੇ ਅੰਦਰੋਂ ਤ੍ਰਿਸ਼ਨਾ ਦੀ ਅੱਗ ਦਾ ਭਾਂਬੜ ਬੁੱਝ ਗਿਆ ॥੧॥ ਰਹਾਉ ॥

42863	1002	ਜਬ ਤੇ ਸਾਧੂਸੰਗੁ ਭਇਆ ਤਉ ਛੋਡਿ ਗਏ ਨਿਗਹਾਰ॥	(ਨਿਗਹਾਰ) ਔਗੁਣ, ਵਿਕਾਰ	Jab Thae Saadhhoo Sang Bhaeiaa Tho Shhodd Geae Nigehaar ||	Since I joined the Saadh Sangat, the Company of the Holy, those who were eyeing me have left.	ਜਦੋਂ (ਕਿਸੇ ਵਡ-ਭਾਗੀ ਮਨੁੱਖ ਨੂੰ) ਗੁਰੂ ਦਾ ਮਿਲਾਪ ਹਾਸਲ ਹੋ ਜਾਂਦਾ ਹੈ, ਤਦੋਂ (ਉਸ ਦੇ ਆਤਮਕ ਜੀਵਨ ਉੱਤੇ) ਤੱਕ ਰੱਖਣ ਵਾਲੇ (ਵਿਕਾਰ ਉਸ ਨੂੰ) ਛੱਡ ਜਾਂਦੇ ਹਨ।
42864	1002	ਜਿਸ ਕੀ ਅਟਕ ਤਿਸ ਤੇ ਛੁਟੀ ਤਉ ਕਹਾ ਕਰੈ ਕੋਟਵਾਰ॥੨॥	ਛੁੱਟੀ। (ਕੋਟਵਾਰ) ਠਾਣੇਦਾਰ, ਧਰਮਰਾਜਾ	Jis Kee Attak This Thae Shhuttee Tho Kehaa Karai Kottavaar ||2||	The one who tied me up, has released me; what can the Watchman of Death do to me now? ||2||	ਜਦੋਂ ਪਰਮਾਤਮਾ ਵਲੋਂ (ਆਤਮਕ ਜੀਵਨ ਦੇ ਰਾਹ ਵਿਚ) ਪਾਈ ਹੋਈ ਰੁਕਾਵਟ ਉਸ ਦੀ ਮਿਹਰ ਨਾਲ (ਗੁਰੂ ਦੀ ਰਾਹੀਂ) ਮੁੱਕ ਜਾਂਦੀ ਹੈ ਤਦੋਂ (ਉਹਨਾਂ ਤੱਕ ਰਖਣ ਵਾਲਿਆਂ ਦਾ ਸਰਦਾਰ) ਕੋਤਵਾਲ (ਮੋਹ) ਭੀ ਕੁਝ ਵਿਗਾੜ ਨਹੀਂ ਸਕਦਾ ॥੨॥
42865	1002	ਚੂਕਾ ਭਾਰਾ ਕਰਮ ਕਾ ਹੋਏ ਨਿਹਕਰਮਾ॥		Chookaa Bhaaraa Karam Kaa Hoeae Nihakaramaa ||	The load of my karma has been removed, and I am now free of karma.	ਉਹਨਾਂ ਦਾ ਅਨੇਕਾਂ ਜਨਮਾਂ ਦੇ ਕੀਤੇ ਮੰਦ-ਕਰਮਾਂ ਦਾ ਕਰਜ਼ (ਭਾਵ, ਵਿਕਾਰਾਂ ਦੇ ਸੰਸਕਾਰਾਂ ਦਾ ਇਕੱਠ) ਮੁੱਕ ਗਿਆ, ਉਹ ਮੰਦ-ਕਰਮਾਂ ਦੀ ਕੈਦ ਵਿਚੋਂ ਨਿਕਲ ਗਏ,
42866	1002	ਸਾਗਰ ਤੇ ਕੰਢੈ ਚੜੇ ਗੁਰਿ ਕੀਨੇ ਧਰਮਾ॥੩॥	ਚੜ੍ਹੇ	Saagar Thae Kandtai Charrae Gur Keenae Dhharamaa ||3||	I have crossed the world-ocean, and reached the other shore; the Guru has blessed me with this Dharma. ||3||	ਜਿਨ੍ਹਾਂ ਮਨੁੱਖਾਂ ਉਤੇ ਗੁਰੂ ਨੇ ਉਪਕਾਰ ਕਰ ਦਿੱਤਾ, ਉਹ (ਸੰਸਾਰ-) ਸਮੁੰਦਰ (ਵਿਚ ਡੁੱਬਣ) ਤੋਂ (ਬਚ ਕੇ) ਕੰਢੇ ਉਤੇ ਪਹੁੰਚ ਗਏ ॥੩॥

42867	1002	ਸਚੁ ਥਾਨੁ ਸਚੁ ਬੈਠਕਾ ਸਚੁ ਸੁਆਉ ਬਣਾਇਆ॥		Sach Thhaan Sach Baithakaa Sach Suaao Banaaeiaa ||	True is my place, and True is my seat; I have made Truth my life's purpose.	ਉਸ ਮਨੁੱਖ ਨੇ ਸਦਾ-ਥਿਰ ਹਰਿ-ਨਾਮ ਨੂੰ ਆਪਣੀ ਜ਼ਿੰਦਗੀ ਦਾ ਮਨੋਰਥ ਬਣਾ ਲਿਆ, ਸਦਾ-ਥਿਰ ਹਰਿ-ਚਰਨ ਹੀ ਉਸ ਲਈ (ਆਤਮਕ ਰਿਹਾਇਸ਼ ਦਾ) ਥਾਂ ਬਣ ਗਿਆ, ਬੈਠਕ ਬਣ ਗਈ,
42868	1002	ਸਚੁ ਪੂੰਜੀ ਸਚੁ ਵਖਰੋ ਨਾਨਕ ਘਰਿ ਪਾਇਆ॥੪॥੫॥੧੪॥	ਵੱਖਰੋ	Sach Poonjee Sach Vakharo Naanak Ghar Paaeiaa ||4||5||14||	True is my capital, and True is the merchandise, which Nanak has placed into the home of the heart. ||4||5||14||	ਹੇ ਨਾਨਕ! (ਜਿਸ ਉਤੇ ਗੁਰੂ ਨੇ ਮਿਹਰ ਕੀਤੀ, ਉਸ ਨੇ ਆਪਣੇ) ਹਿਰਦੇ-ਘਰ ਵਿਚ ਸਦਾ ਕਾਇਮ ਰਹਿਣ ਵਾਲਾ ਨਾਮ-ਸਰਮਾਇਆ ਲੱਭ ਲਿਆ, ਸਦਾ ਕਾਇਮ ਰਹਿਣ ਵਾਲਾ ਨਾਮ-ਸੌਦਾ ਪ੍ਰਾਪਤ ਕਰ ਲਿਆ ॥੪॥੫॥੧੪॥
42869	1002	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
42870	1003	ਬੇਦੁ ਪੁਕਾਰੈ ਮੁਖ ਤੇ ਪੰਡਤ ਕਾਮਾਮਨ ਕਾ ਮਾਠਾ॥	ਗੁਰੂ ਸੇਵਾ ਨਾਮ ਕਮਾਈ ਤੋਂ ਕਾਮਾਮਨ (ਮਾਠਾ) ਨਿਕੰਮਾ। ਕਾ-ਮਾਮਨ: ਪੋਲਾ ਬੋਲੋ	Baedh Pukaarai Mukh Thae Panddath Kaamaaman Kaa Maathaa ||	The Pandit, the religious scholar, proclaims the Vedas, but he is slow to act on them.	ਹੇ ਪੰਡਿਤ! (ਤੇਰੇ ਵਰਗਾ ਕੋਈ ਤਾਂ) ਮੂੰਹ ਨਾਲ ਵੇਦ ਉੱਚੀ ਉੱਚੀ ਪੜ੍ਹਦਾ ਹੈ, ਪਰ ਆਤਮਕ ਕਮਾਈ ਕਰਨ ਵਲੋਂ ਢਿੱਲਾ ਹੈ;
42871	1003	ਮੋਨੀ ਹੋਇ ਬੈਠਾ ਇਕਾਂਤੀ ਹਿਰਦੈ ਕਲਪਨ ਗਾਠਾ॥		Monee Hoe Baithaa Eikaanthee Hiradhai Kalapan Gaathaa ||	Another person on silence sits alone, but his heart is tied in knots of desire.	(ਕੋਈ) ਮੋਨਧਾਰੀ ਬਣ ਕੇ (ਕਿਸੇ ਗੁਫ਼ਾ ਆਦਿਕ ਵਿਚ) ਇਕੱਲਾ ਬੈਠਾ ਹੋਇਆ ਹੈ, (ਪਰ ਉਸ ਦੇ ਭੀ) ਹਿਰਦੇ ਵਿਚ ਮਾਨਸਕ ਦੌੜ-ਭੱਜ ਦੀ ਗੰਢ ਬੱਝੀ ਹੋਈ ਹੈ;

42872	1003	ਹੋਇ ਉਦਾਸੀ ਗ੍ਰਿਹੁ ਤਜਿ ਚਲਿਓ ਛੁਟਕੈ ਨਾਹੀ ਨਾਠਾ॥੧॥	ਚੱਲਿਓ	Hoe Oudhaasee Grihu Thaj Chaliou Shhuttakai Naahee Naathaa ||1||	Another becomes an Udaasi, a renunciate; he abandons his home and walks out on his family, but his wandering impulses do not leave him. ||1||	(ਕੋਈ ਦੁਨੀਆ ਵਲੋਂ) ਉਪਰਾਮ ਹੋ ਕੇ ਗ੍ਰਿਹਸਤ ਛੱਡ ਕੇ ਤੁਰ ਪਿਆ ਹੈ, (ਪਰ ਉਸ ਦੀ ਭੀ) ਭਟਕਣਾ ਮੁੱਕੀ ਨਹੀਂ ॥੧॥
42873	1003	ਜੀਅ ਕੀ ਕੈ ਪਹਿ ਬਾਤ ਕਹਾ॥		Jeea Kee Kai Pehi Baath Kehaa ||	Who can I tell about the state of my soul?	(ਹੇ ਪੰਡਿਤ!) ਮੈਂ ਆਪਣੇ ਦਿਲ ਦੀ ਗੱਲ ਕਿਸ ਨੂੰ ਦੱਸਾਂ?
42874	1003	ਆਪਿ ਮੁਕਤੁ ਮੋਕਉ ਪ੍ਰਭੁ ਮੇਲੇ ਐਸੋ ਕਹਾ ਲਹਾ॥੧॥ਰਹਾਉ॥		Aap Mukath Mo Ko Prabh Maelae Aiso Kehaa Lehaa ||1|| Rehaao ||	Where can I find such a person who is liberated, and who can unite me with my God? ||1||Pause||	ਮੈਂ ਇਹੋ ਜਿਹਾ (ਗੁਰਮੁਖ) ਕਿੱਥੋਂ ਲੱਭਾਂ ਜਿਹੜਾ ਆਪ (ਮੋਹ ਮਾਇਆ ਤੋਂ) ਬਚਿਆ ਹੋਇਆ ਹੋਵੇ, ਤੇ, ਮੈਨੂੰ (ਭੀ) ਪਰਮਾਤਮਾ ਮਿਲਾ ਦੇਵੇ? ॥੧॥ ਰਹਾਉ ॥
42875	1003	ਤਪਸੀ ਕਰਿ ਕੈ ਦੇਹੀ ਸਾਧੀ ਮਨੂਆ ਦਹ ਦਿਸ ਧਾਨਾ॥	ਤ-ਪੱਸੀ	Thapasee Kar Kai Dhaehee Saadhhee Manooaa Dheh Dhis Dhhaanaa ||	Someone may practice intensive meditation, and discipline his body, but his mind still runs around in ten directions.	(ਹੇ ਪੰਡਿਤ!) ਕੋਈ ਤਪਸ੍ਵੀ (ਤਪ) ਕਰ ਕੇ (ਨਿਰੇ) ਸਰੀਰ ਨੂੰ ਕਸ਼ਟ ਦੇ ਰਿਹਾ ਹੈ, ਮਨ (ਉਸ ਦਾ ਭੀ) ਦਸੀਂ ਪਾਸੀਂ ਦੌੜ ਰਿਹਾ ਹੈ;

42876	1003	ਬ੍ਰਹਮਚਾਰਿ ਬ੍ਰਹਮਚਜੁ ਕੀਨਾ ਹਿਰਦੈ ਭਇਆ ਗੁਮਾਨਾ॥		Brehamachaar Brehamachaj Keenaa Hiradhai Bhaeiaa Gumaanaa ||	The celibate practices celibacy, but his heart is filled with pride.	ਕਿਸੇ ਬ੍ਰਹਮਚਾਰੀ ਨੇ ਕਾਮ-ਵਾਸਨਾ ਰੋਕਣ ਦਾ ਅੱਭਿਆਸ ਕਰ ਲਿਆ ਹੈ, (ਪਰ ਉਸ ਦੇ) ਹਿਰਦੇ ਵਿਚ (ਇਸੇ ਗੱਲ ਦਾ) ਅਹੰਕਾਰ ਪੈਦਾ ਹੋ ਗਿਆ ਹੈ,
42877	1003	ਸੰਨਿਆਸੀ ਹੋਇ ਕੈ ਤੀਰਥਿ ਭ੍ਰਮਿਓ ਉਸੁ ਮਹਿ ਕ੍ਰੋਧੁ ਬਿਗਾਨਾ॥੨॥		Sanniaasee Hoe Kai Theerathh Bhramiou Ous Mehi Krodhh Bigaanaa ||2||	The Sannyaasi wanders around at sacred shrines of pilgrimage, but his mindless anger is still within him. ||2||	(ਕੋਈ) ਸੰਨਿਆਸੀ ਬਣ ਕੇ (ਹਰੇਕ) ਤੀਰਥ ਉਤੇ ਭੌਂ ਰਿਹਾ ਹੈ ; ਉਸ ਦੇ ਅੰਦਰ ਉਸ ਨੂੰ ਮੂਰਖ ਬਣਾ ਦੇਣ ਵਾਲਾ ਕ੍ਰੋਧ ਪੈਦਾ ਹੋ ਗਿਆ ਹੈ (ਦੱਸ, ਪੰਡਿਤ! ਮੈਂ ਅਜਿਹਾ ਮਨੁੱਖ ਕਿੱਥੋਂ ਲੱਭਾਂ ਜੋ ਆਪ ਮੁਕਤ ਹੋਵੇ) ॥੨॥
42878	1003	ਘੂੰਘਰ ਬਾਧਿ ਭਏ ਰਾਮਦਾਸਾ ਰੋਟੀਅਨ ਕੇ ਓਪਾਵਾ॥	(ਰਾਮਦਾਸਾ) ਇੱਕ ਪੰਥ।ਬੱਾਧਿ	Ghoonghar Baadhh Bheae Raamadhaasaa Rotteean Kae Oupaavaa ||	The temple dancers tie bells around their ankles to earn their living.	(ਹੇ ਪੰਡਿਤ! ਕਈ ਐਸੇ ਹਨ ਜੋ ਆਪਣੇ ਪੈਰਾਂ ਨਾਲ) ਘੁੰਘਰੂ ਬੰਨ੍ਹ ਕੇ ਰਾਸਧਾਰੀਏ ਬਣੇ ਹਨ, ਪਰ ਉਹ ਭੀ ਰੋਟੀਆਂ (ਕਮਾਣ ਦੇ ਹੀ ਇਹ) ਢੰਗ ਵਰਤ ਰਹੇ ਹਨ;
42879	1003	ਬਰਤ ਨੇਮ ਕਰਮ ਖਟ ਕੀਨੇ ਬਾਹਰਿ ਭੇਖ ਦਿਖਾਵਾ॥	ਖਟ: ਪੋਲਾ ਬੋਲੋ,ਬਾ-ਹਰਿ	Barath Naem Karam Khatt Keenae Baahar Bhaekh Dhikhaavaa ||	Others go on fasts, take vows, perform the six rituals and wear religious robes for show.	(ਕਈ ਐਸੇ ਹਨ ਜੋ) ਵਰਤ ਨੇਮ ਆਦਿਕ ਅਤੇ ਛੇ (ਮਿਥੇ ਹੋਏ ਧਾਰਮਿਕ) ਕਰਮ ਕਰਦੇ ਹਨ, (ਪਰ ਉਹਨਾਂ ਨੇ ਭੀ) ਬਾਹਰ (ਲੋਕਾਂ ਨੂੰ ਹੀ) ਧਾਰਮਿਕ ਪਹਿਰਾਵਾ ਵਿਖਾਇਆ ਹੋਇਆ ਹੈ;

42880	1003	ਗੀਤ ਨਾਦ ਮੁਖਿ ਰਾਗ ਅਲਾਪੇ ਮਨਿ ਨਹੀ ਹਰਿ ਹਰਿ ਗਾਵਾ॥੩॥		Geeth Naadh Mukh Raag Alaapae Man Nehee Har Har Gaavaa ||3||	Some sing songs and melodies and hymns, but their minds do not sing of the Lord, Har, Har. ||3||	(ਕਈ ਐਸੇ ਹਨ ਜੋ) ਮੂੰਹ ਨਾਲ (ਤਾਂ ਭਜਨਾਂ ਦੇ) ਗੀਤ ਰਾਗ ਅਲਾਪਦੇ ਹਨ, (ਪਰ ਆਪਣੇ) ਮਨ (ਵਿਚ ਉਹਨਾਂ ਨੇ ਭੀ ਕਦੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਨਹੀਂ ਕੀਤੀ ॥੩॥
42881	1003	ਹਰਖ ਸੋਗ ਲੋਭ ਮੋਹ ਰਹਤ ਹਹਿ ਨਿਰਮਲ ਹਰਿ ਕੇ ਸੰਤਾ॥		Harakh Sog Lobh Moh Rehath Hehi Niramal Har Kae Santhaa ||	The Lord's Saints are immaculately pure; they are beyond pleasure and pain, beyond greed and attachment.	(ਹੇ ਪੰਡਿਤ! ਸਿਰਫ਼) ਹਰੀ ਦੇ ਸੰਤ ਜਨ ਹੀ ਪਵਿੱਤਰ ਜੀਵਨ ਵਾਲੇ ਹਨ, ਉਹ ਖ਼ੁਸ਼ੀ ਗ਼ਮੀ ਲੋਭ ਮੋਹ ਆਦਿਕ ਤੋਂ ਬਚੇ ਰਹਿੰਦੇ ਹਨ।
42882	1003	ਤਿਨ ਕੀ ਧੂੜਿ ਪਾਏ ਮਨੁ ਮੇਰਾ ਜਾ ਦਇਆ ਕਰੇ ਭਗਵੰਤਾ॥	ਦ-ਇਆ	Thin Kee Dhoorr Paaeae Man Maeraa Jaa Dhaeiaa Karae Bhagavanthaa ||	My mind obtains the dust of their feet, when the Lord God shows mercy.	ਜਦੋਂ ਭਗਵਾਨ ਦਇਆ ਕਰੇ ਤਦੋਂ ਮੇਰਾ ਮਨ ਉਹਨਾਂ ਦੇ ਚਰਨਾਂ ਦੀ ਧੂੜ ਪ੍ਰਾਪਤ ਕਰਦਾ ਹੈ।
42883	1003	ਕਹੁ ਨਾਨਕ ਗੁਰੁ ਪੂਰਾ ਮਿਲਿਆ ਤਾਂ ਉਤਰੀ ਮਨ ਕੀ ਚਿੰਤਾ॥੪॥		Kahu Naanak Gur Pooraa Miliaa Thaan Outharee Man Kee Chinthaa ||4||	Says Nanak, I met the Perfect Guru, and then the anxiety of my mind was removed. ||4||	ਹੇ ਨਾਨਕ! ਜਦੋਂ ਪੂਰਾ ਗੁਰੂ ਮਿਲਦਾ ਹੈ ਤਦੋਂ ਮਨ ਦੀ ਚਿੰਤਾ ਦੂਰ ਹੋ ਜਾਂਦੀ ਹੈ ॥੪॥

42884	1003	ਮੇਰਾ ਅੰਤਰਜਾਮੀ ਹਰਿ ਰਾਇਆ॥		Maeraa Antharajaamee Har Raaeiaa ||	My Sovereign Lord is the Inner-knower, the Searcher of hearts.	(ਹੇ ਪੰਡਿਤ!) ਮੇਰਾ ਪ੍ਰਭੂ-ਪਾਤਿਸ਼ਾਹ ਸਭ ਦੇ ਦਿਲ ਦੀ ਜਾਣਨ ਵਾਲਾ ਹੈ (ਉਹ ਬਾਹਰਲੇ ਭੇਖਾਂ ਉੱਦਮਾਂ ਨਾਲ ਨਹੀਂ ਪਤੀਜਦਾ)।
42885	1003	ਸਭੁ ਕਿਛੁ ਜਾਨੈ ਮੇਰੇ ਜੀਅ ਕਾ ਪ੍ਰੀਤਮੁ ਬਿਸਰਿ ਗਏ ਬਕਬਾਇਆ॥੧॥ਰਹਾਉ ਦੂਜਾ॥੬॥੧੫॥	ਬਕਬਾਇਆ:ਪੋਲਾ ਬੋਲੋ। (ਬਕਬਾਇਆ) ਬਕਵਾਸ	Sabh Kishh Jaanai Maerae Jeea Kaa Preetham Bisar Geae Bakabaaeiaa ||1|| Rehaao Dhoojaa ||6||15||	The Beloved of my soul knows everything; all trivial talk is forgotten. ||1||Second Pause||6||15||	ਹੇ ਪੰਡਿਤ! ਮੇਰੀ ਜਿੰਦ ਦਾ ਪਾਤਿਸ਼ਾਹ ਸਭ ਕੁਝ ਜਾਣਦਾ ਹੈ (ਜਿਸ ਨੂੰ ਉਹ ਮਿਲ ਪੈਂਦਾ ਹੈ, ਉਹ ਸਾਰੇ) ਵਿਖਾਵੇ ਦੇ ਬੋਲ ਬੋਲਣੇ ਭੁੱਲ ਜਾਂਦਾ ਹੈ।੧।ਰਹਾਉ ਦੂਜਾ ॥੧॥ਰਹਾਉ ਦੂਜਾ॥੬॥੧੫॥
42886	1003	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
42887	1003	ਕੋਟਿ ਲਾਖ ਸਰਬ ਕੋ ਰਾਜਾ ਜਿਸੁ ਹਿਰਦੈ ਨਾਮੁ ਤੁਮਾਰਾ॥		Kott Laakh Sarab Ko Raajaa Jis Hiradhai Naam Thumaaraa ||	One who has Your Name in his heart is the king of all the hundreds of thousands and millions of beings.	ਹੇ ਪ੍ਰਭੂ! ਜਿਸ ਮਨੁੱਖ ਦੇ ਹਿਰਦੇ ਵਿਚ ਤੇਰਾ ਨਾਮ ਵੱਸਦਾ ਹੈ ਉਹ ਲੱਖਾਂ ਕ੍ਰੋੜਾਂ (ਬੰਦਿਆਂ) ਸਭਨਾਂ ਲੋਕਾਂ (ਦੇ ਦਿਲ) ਦਾ ਰਾਜਾ ਬਣ ਜਾਂਦਾ ਹੈ।

42888	1003	ਜਾ ਕਉ ਨਾਮੁ ਨ ਦੀਆ ਮੇਰੈ ਸਤਿਗੁਰਿ ਸੇ ਮਰਿ ਜਨਮਹਿ ਗਾਵਾਰਾ॥੧॥		Jaa Ko Naam N Dheeaa Maerai Sathigur Sae Mar Janamehi Gaavaaraa ||1||	Those, whom my True Guru has not blessed with Your Name, are poor idiots, who die and are reborn. ||1||	ਜਿਨ੍ਹਾਂ ਮਨੁੱਖਾਂ ਨੂੰ ਮੇਰੇ ਸਤਿਗੁਰੂ ਨੇ ਪਰਮਾਤਮਾ ਦਾ ਨਾਮ ਨਹੀਂ ਦਿੱਤਾ, ਉਹ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ ॥੧॥
42889	1003	ਮੇਰੇ ਸਤਿਗੁਰ ਹੀ ਪਤਿ ਰਾਖੁ॥	ਪਤਿ: ਪੋਲਾ ਬੋਲੋ	Maerae Sathigur Hee Path Raakh ||	My True Guru protects and preserves my honor.	ਹੇ ਮੇਰੇ ਸਤਿਗੁਰੂ! ਤੂੰ ਹੀ (ਮੇਰੀ) ਇੱਜ਼ਤ ਦਾ ਰਾਖਾ ਹੈਂ।
42890	1003	ਚੀਤਿ ਆਵਹਿ ਤਬ ਹੀ ਪਤਿ ਪੂਰੀ ਬਿਸਰਤ ਰਲੀਐ ਖਾਕੁ॥੧॥ਰਹਾਉ॥		Cheeth Aavehi Thab Hee Path Pooree Bisarath Raleeai Khaak ||1|| Rehaao ||	When You come to mind, Lord, then I obtain perfect honor. Forgetting You, I roll in the dust. ||1||Pause||	ਹੇ ਪ੍ਰਭੂ! ਜਦੋਂ ਤੂੰ (ਅਸਾਂ ਜੀਵਾਂ ਦੇ) ਚਿੱਤ ਵਿਚ ਆ ਵੱਸੇਂ ਤਦੋਂ ਹੀ (ਸਾਨੂੰ ਲੋਕ ਪਰਲੋਕ ਵਿਚ) ਪੂਰਨ ਇੱਜ਼ਤ ਮਿਲਦੀ ਹੈ। (ਤੇਰਾ ਨਾਮ) ਭੁੱਲਿਆਂ ਮਿੱਟੀ ਵਿਚ ਰਲ ਜਾਈਦਾ ਹੈ ॥੧॥ ਰਹਾਉ ॥
42891	1003	ਰੂਪ ਰੰਗ ਖੁਸੀਆ ਮਨ ਭੋਗਣ ਤੇ ਤੇ ਛਿਦ੍ਰ ਵਿਕਾਰਾ॥		Roop Rang Khuseeaa Man Bhogan Thae Thae Shhidhr Vikaaraa ||	The mind's pleasures of love and beauty bring just as many blames and sins.	ਦੁਨੀਆ ਦੇ ਸਾਰੇ ਰੂਪ ਰੰਗ ਖ਼ੁਸ਼ੀਆਂ, ਮਨ ਦੀਆਂ ਮੌਜਾਂ ਤੇ ਹੋਰ ਵਿਕਾਰ-ਇਹ ਸਾਰੇ ਹੀ (ਆਤਮਕ ਜੀਵਨ ਵਿਚ) ਛੇਕ ਹਨ।

42892	1003	ਹਰਿ ਕਾ ਨਾਮੁ ਨਿਧਾਨੁ ਕਲਿਆਣਾ ਸੂਖ ਸਹਜੁ ਇਹੁ ਸਾਰਾ॥੨॥		Har Kaa Naam Nidhhaan Kaliaanaa Sookh Sehaj Eihu Saaraa ||2||	The Name of the Lord is the treasure of Emancipation; it is absolute peace and poise. ||2||	ਪਰਮਾਤਮਾ ਦਾ ਨਾਮ (ਹੀ) ਸਾਰੇ ਸੁਖਾਂ ਦਾ ਸਾਰੀਆਂ ਖ਼ੁਸ਼ੀਆਂ ਦਾ ਖ਼ਜ਼ਾਨਾ ਹੈ; ਇਹ ਨਾਮ ਹੀ ਸ੍ਰੇਸ਼ਟ (ਪਦਾਰਥ) ਹੈ ਅਤੇ ਆਤਮਕ ਅਡੋਲਤਾ (ਦਾ ਮੂਲ) ਹੈ ॥੨॥
42893	1003	ਮਾਇਆ ਰੰਗ ਬਿਰੰਗ ਖਿਨੈ ਮਹਿ ਜਿਉ ਬਾਦਰ ਕੀ ਛਾਇਆ॥	ਬਿ-ਰੰਗ	Maaeiaa Rang Birang Khinai Mehi Jio Baadhar Kee Shhaaeiaa ||	The pleasures of Maya fade away in an instant, like the shade of a passing cloud.	ਜਿਵੇਂ ਬੱਦਲਾਂ ਦੀ ਛਾਂ (ਛਿਨ-ਭੰਗਰ ਹੈ, ਤਿਵੇਂ) ਮਾਇਆ ਦੇ ਰੰਗ-ਤਮਾਸ਼ੇ ਖਿਨ ਵਿਚ ਫਿੱਕੇ ਪੈ ਜਾਂਦੇ ਹਨ;
42894	1003	ਸੇ ਲਾਲ ਭਏ ਗੂੜੈ ਰੰਗਿ ਰਾਤੇ ਜਿਨ ਗੁਰ ਮਿਲਿ ਹਰਿ ਹਰਿ ਗਾਇਆ॥੩॥		Sae Laal Bheae Goorrai Rang Raathae Jin Gur Mil Har Har Gaaeiaa ||3||	They alone are dyed in the deep crimson of the Lord's Love, who meet the Guru, and sing the Praises of the Lord, Har, Har. ||3||	ਪਰ, ਜਿਨ੍ਹਾਂ ਨੇ ਗੁਰੂ ਨੂੰ ਮਿਲ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ, ਉਹ ਲਾਲ ਹੋ ਗਏ, ਉਹ ਗੂੜ੍ਹੇ ਪ੍ਰੇਮ-ਰੰਗ ਵਿਚ ਰੰਗੇ ਗਏ (ਉਹਨਾਂ ਦਾ ਆਤਮਕ ਆਨੰਦ ਫਿੱਕਾ ਨਹੀਂ ਪੈਂਦਾ) ॥੩॥
42895	1003	ਊਚ ਮੂਚ ਅਪਾਰ ਸੁਆਮੀ ਅਗਮ ਦਰਬਾਰਾ॥		Ooch Mooch Apaar Suaamee Agam Dharabaaraa ||	My Lord and Master is lofty and exalted, grand and infinite. The Darbaar of His Court is inaccessible.	ਉਹ ਜੀਵ ਉਸ ਮਾਲਕ ਦੇ ਦਰਬਾਰ ਵਿਚ ਪਹੁੰਚੇ ਰਹਿੰਦੇ ਹਨ ਜੋ ਸਭ ਤੋਂ ਉੱਚਾ ਹੈ ਜੋ ਸਭ ਤੋਂ ਵੱਡਾ ਹੈ ਜੋ ਬੇਅੰਤ ਹੈ ਤੇ ਅਪਹੁੰਚ ਹੈ,

42896	1003	ਨਾਮੋ ਵਡਿਆਈ ਸੋਭਾ ਨਾਨਕ ਖਸਮੁ ਪਿਆਰਾ॥੪॥੭॥੧੬॥		Naamo Vaddiaaee Sobhaa Naanak Khasam Piaaraa ||4||7||16||	Through the Naam, glorious greatness and respect are obtained; O Nanak, my Lord and Master is my Beloved. ||4||7||16||	ਹੇ ਨਾਨਕ! ਜਿਨ੍ਹਾਂ ਨੂੰ ਖਸਮ-ਪ੍ਰਭੂ ਪਿਆਰਾ ਲੱਗਦਾ ਹੈ, ਉਹਨਾਂ ਵਾਸਤੇ ਹਰਿ-ਨਾਮ ਹੀ (ਦੁਨੀਆ ਦੀ) ਵਡਿਆਈ ਹੈ, ਨਾਮ ਹੀ (ਲੋਕ ਪਰਲੋਕ ਦੀ) ਸੋਭਾ ਹੈ ॥੪॥੭॥੧੬॥
42897	1003	ਮਾਰੂ ਮਹਲਾ ੫ ਘਰੁ ੪		Maaroo Mehalaa 5 Ghar 4	Maaroo, Fifth Mehl, Fourth House:	ਰਾਗ ਮਾਰੂ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
42898	1003	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
42899	1003	ਓਅੰਕਾਰਿ ਉਤਪਾਤੀ॥		Ouankaar Outhapaathee ||	The One Universal Creator Lord created the creation.	ਸਰਬ-ਵਿਆਪਕ ਪਰਮਾਤਮਾ ਨੇ ਜਗਤ ਦੀ ਉਤਪੱਤੀ ਕੀਤੀ ਹੈ;
42900	1003	ਕੀਆ ਦਿਨਸੁ ਸਭ ਰਾਤੀ॥		Keeaa Dhinas Sabh Raathee ||	He made all the days and the nights.	ਦਿਨ ਭੀ ਉਸ ਨੇ ਬਣਾਇਆ; ਰਾਤਾਂ ਭੀ ਉਸੇ ਨੇ ਬਣਾਈਆਂ, ਸਭ ਕੁਝ ਉਸੇ ਨੇ ਬਣਾਇਆ ਹੈ।
42901	1003	ਵਣੁ ਤ੍ਰਿਣੁ ਤ੍ਰਿਭਵਣ ਪਾਣੀ॥		Van Thrin Thribhavan Paanee ||	The forests, meadows, three worlds, water,	ਜੰਗਲ, (ਜੰਗਲ ਦਾ) ਘਾਹ, ਤਿੰਨੇ ਭਵਨ, ਪਾਣੀ (ਆਦਿਕ ਸਾਰੇ ਤੱਤ),
42902	1003	ਚਾਰਿ ਬੇਦ ਚਾਰੇ ਖਾਣੀ॥		Chaar Baedh Chaarae Khaanee ||	The four Vedas, the four sources of creation,	ਚਾਰ ਵੇਦ, ਚਾਰ ਹੀ ਖਾਣੀਆਂ,

42903	1003	ਖੰਡ ਦੀਪ ਸਭਿ ਲੋਆ॥		Khandd Dheep Sabh Loaa ||	The countries, the continents and all the worlds,	ਸ੍ਰਿਸ਼ਟੀ ਦੇ ਵਖ ਵਖ ਹਿੱਸੇ, ਟਾਪੂ, ਸਾਰੇ ਲੋਕ-
42904	1003	ਏਕ ਕਵਾਵੈ ਤੇ ਸਭਿ ਹੋਆ॥੧॥		Eaek Kavaavai Thae Sabh Hoaa ||1||	Have all come from the One Word of the Lord. ||1||	ਇਹ ਸਾਰੇ ਪਰਮਾਤਮਾ ਦੇ ਹੁਕਮ ਨਾਲ ਹੀ ਬਣੇ ਹਨ ॥੧॥
42905	1003	ਕਰਣੈਹਾਰਾ ਬੂਝਹੁ ਰੇ॥	ਬੂੱਝਹੁ	Karanaihaaraa Boojhahu Rae ||	Hey - understand the Creator Lord.	ਸਿਰਜਣਹਾਰ ਪ੍ਰਭੂ ਨਾਲ ਡੂੰਘੀ ਸਾਂਝ ਪਾ।
42906	1003	ਸਤਿਗੁਰੁ ਮਿਲੈ ਤ ਸੂਝੈ ਰੇ॥੧॥ਰਹਾਉ॥		Sathigur Milai Th Soojhai Rae ||1|| Rehaao ||	If you meet the True Guru, then you'll understand. ||1||Pause||	ਪਰ, ਜਦੋਂ ਗੁਰੂ ਮਿਲ ਪਏ ਤਦੋਂ ਹੀ ਇਹ ਸੂਝ ਪੈਂਦੀ ਹੈ ॥੧॥ ਰਹਾਉ ॥
42907	1003	ਤ੍ਰੈ ਗੁਣ ਕੀਆ ਪਸਾਰਾ॥		Thrai Gun Keeaa Pasaaraa ||	He formed the expanse of the entire universe from the three gunas, the three qualities.	ਪਰਮਾਤਮਾ ਨੇ ਹੀ ਤ੍ਰੈ-ਗੁਣੀ ਮਾਇਆ ਦਾ ਖਿਲਾਰਾ ਰਚਿਆ ਹੈ,
42908	1003	ਨਰਕ ਸੁਰਗ ਅਵਤਾਰਾ॥		Narak Surag Avathaaraa ||	People are incarnated in heaven and in hell.	ਕੋਈ ਨਰਕਾਂ ਵਿਚ ਹਨ, ਕੋਈ ਸੁਰਗਾਂ ਵਿਚ ਹਨ।
42909	1003	ਹਉਮੈ ਆਵੈ ਜਾਈ॥		Houmai Aavai Jaaee ||	In egotism, they come and go.	ਹਉਮੈ ਦੇ ਕਾਰਨ ਜੀਵ ਭਟਕਦਾ ਫਿਰਦਾ ਹੈ,
42910	1003	ਮਨੁ ਟਿਕਣੁ ਨ ਪਾਵੈ ਰਾਈ॥		Man Ttikan N Paavai Raaee ||	The mind cannot hold still, even for an instant.	(ਜੀਵ ਦਾ) ਮਨ ਰਤਾ ਭਰ ਭੀ ਨਹੀਂ ਟਿਕਦਾ।

42911	1004	ਬਾਝੁ ਗੁਰੂ ਗੁਬਾਰਾ॥		Baajh Guroo Gubaaraa ||	Without the Guru, there is only pitch darkness.	ਗੁਰੂ ਤੋਂ ਬਿਨਾ (ਜਗਤ ਵਿਚ ਆਤਮਕ ਜੀਵਨ ਵਲੋਂ) ਹਨੇਰਾ (ਹੀ ਹਨੇਰਾ) ਹੈ।
42912	1004	ਮਿਲਿ ਸਤਿਗੁਰ ਨਿਸਤਾਰਾ॥੨॥		Mil Sathigur Nisathaaraa ||2||	Meeting with the True Guru, one is emancipated. ||2||	ਗੁਰੂ ਨੂੰ ਮਿਲ ਕੇ (ਹੀ ਇਸ ਹਨੇਰੇ ਵਿਚੋਂ) ਪਾਰ ਲੰਘੀਦਾ ਹੈ ॥੨॥
42913	1004	ਹਉ ਹਉ ਕਰਮ ਕਮਾਣੇ॥		Ho Ho Karam Kamaanae ||	All the deeds done in egotism,	ਹਉਮੈ ਦੇ ਆਸਰੇ ਜੀਵ (ਅਨੇਕਾਂ) ਕਰਮ ਕਰਦੇ ਹਨ,
42914	1004	ਤੇ ਤੇ ਬੰਧ ਗਲਾਣੇ॥	(ਗਲਾਣੇ) ਗਲ਼ ਚ ਫਾਹੀ ਪੌਣ ਵਾਲੇ	Thae Thae Bandhh Galaanae ||	Are just chains around the neck.	ਉਹ ਸਾਰੇ ਕਰਮ (ਜੀਵਾਂ ਦੇ) ਗਲ ਵਿਚ ਫਾਹੀਆਂ ਬਣ ਜਾਂਦੇ ਹਨ।
42915	1004	ਮੇਰੀ ਮੇਰੀ ਧਾਰੀ॥		Maeree Maeree Dhhaaree ||	Harboring self-conceit and self-interest	ਜੀਵ ਆਪਣੇ ਹਿਰਦੇ ਵਿਚ ਮਮਤਾ ਵਸਾਈ ਰੱਖਦਾ ਹੈ,
42916	1004	ਓਹਾ ਪੈਰਿ ਲੋਹਾਰੀ॥	(ਲੋਹਾਰੀ) ਬੇੜੀ	Ouhaa Pair Lohaaree ||	Is just like placing chains around one's ankles.	ਉਹ ਮਮਤਾ ਹੀ ਜੀਵ ਦੇ ਪੈਰ ਵਿਚ ਲੋਹੇ ਦੀ ਬੇੜੀ ਬਣ ਜਾਂਦੀ ਹੈ।
42917	1004	ਸੋ ਗੁਰ ਮਿਲਿ ਏਕੁ ਪਛਾਣੈ॥		So Gur Mil Eaek Pashhaanai ||	He alone meets with the Guru, and realizes the One Lord,	ਉਹ ਮਨੁੱਖ ਗੁਰੂ ਨੂੰ ਮਿਲ ਕੇ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ,
42918	1004	ਜਿਸੁ ਹੋਵੈ ਭਾਗੁ ਮਥਾਣੈ॥੩॥		Jis Hovai Bhaag Mathhaanai ||3||	Who has such destiny written on his forehead. ||3||	ਜਿਸ ਦੇ ਮੱਥੇ ਉਤੇ ਭਾਗ ਜਾਗ ਪੈਂਦਾ ਹੈ ॥੩॥
42919	1004	ਸੋ ਮਿਲਿਆ ਜਿ ਹਰਿ ਮਨਿ ਭਾਇਆ॥		So Miliaa J Har Man Bhaaeiaa ||	He alone meets the Lord, who is pleasing to His Mind.	ਉਹੀ ਮਨੁੱਖ ਪ੍ਰਭੂ-ਚਰਨਾਂ ਵਿਚ ਜੁੜਦਾ ਹੈ ਜਿਹੜਾ ਪ੍ਰਭੂ ਦੇ ਮਨ ਵਿਚ ਪਿਆਰਾ ਲੱਗਦਾ ਹੈ;

42920	1004	ਸੋ ਭੂਲਾ ਜਿ ਪ੍ਰਭੂ ਭੁਲਾਇਆ॥		So Bhoolaa J Prabhoo Bhulaaeiaa ||	He alone is deluded, who is deluded by God.	ਉਹੀ ਮਨੁੱਖ ਕੁਰਾਹੇ ਪੈਂਦਾ ਹੈ ਜਿਸ ਨੂੰ ਪ੍ਰਭੂ ਆਪ ਕੁਰਾਹੇ ਪਾਂਦਾ ਹੈ।
42921	1004	ਨਹ ਆਪਹੁ ਮੂਰਖੁ ਗਿਆਨੀ॥		Neh Aapahu Moorakh Giaanee ||	No one, by himself, is ignorant or wise.	ਆਪਣੇ ਆਪ ਤੋਂ ਨਾਹ ਕੋਈ ਮੂਰਖ ਹੈ ਨਾਹ ਕੋਈ ਸਿਆਣਾ ਹੈ।
42922	1004	ਜਿ ਕਰਾਵੈ ਸੁ ਨਾਮੁ ਵਖਾਨੀ॥		J Karaavai S Naam Vakhaanee ||	He alone chants the Naam, whom the Lord inspires to do so.	ਪਰਮਾਤਮਾ ਜੋ ਕੁਝ ਜੀਵ ਪਾਸੋਂ ਕਰਾਂਦਾ ਹੈ ਉਸ ਦੇ ਅਨੁਸਾਰ ਹੀ ਉਸ ਦਾ ਨਾਮ (ਮੂਰਖ ਜਾਂ ਗਿਆਨੀ) ਪੈ ਜਾਂਦਾ ਹੈ।
42923	1004	ਤੇਰਾ ਅੰਤੁ ਨ ਪਾਰਾਵਾਰਾ॥		Thaeraa Anth N Paaraavaaraa ||	You have no end or limitation.	ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਤੇਰੀ ਹਸਤੀ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ।
42924	1004	ਜਨ ਨਾਨਕ ਸਦ ਬਲਿਹਾਰਾ॥੪॥੧॥੧੭॥		Jan Naanak Sadh Balihaaraa ||4||1||17||	Servant Nanak is forever a sacrifice to You. ||4||1||17||	ਦਾਸ ਨਾਨਕ ਤੈਥੋਂ ਸਦਾ ਸਦਕੇ ਜਾਂਦਾ ਹੈ ॥੪॥੧॥੧੭॥
42925	1004	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
42926	1004	ਮੋਹਨੀ ਮੋਹਿ ਲੀਏ ਤ੍ਰੈ ਗੁਨੀਆ॥		Mohanee Mohi Leeeae Thrai Guneeaa ||	Maya, the enticer, has enticed the world of the three gunas, the three qualities.	(ਉਸ ਪਰਮਾਤਮਾ ਦੀ ਪੈਦਾ ਕੀਤੀ ਹੋਈ) ਮੋਹਨੀ ਮਾਇਆ ਦੇ ਸਾਰੇ ਤ੍ਰਿ-ਗੁਣੀ ਜੀਵਾਂ ਨੂੰ ਆਪਣੇ ਵੱਸ ਵਿਚ ਕੀਤਾ ਹੋਇਆ ਹੈ,
42927	1004	ਲੋਭਿ ਵਿਆਪੀ ਝੂਠੀ ਦੁਨੀਆ॥		Lobh Viaapee Jhoothee Dhuneeaa ||	The false world is engrossed in greed.	ਸਾਰੀ ਲੁਕਾਈ ਨਾਸਵੰਤ ਦੁਨੀਆ ਦੇ ਲੋਭ ਵਿਚ ਫਸੀ ਹੋਈ ਹੈ।

42928	1004	ਮੇਰੀ ਮੇਰੀ ਕਰਿ ਕੈ ਸੰਚੀ ਅੰਤ ਕੀ ਬਾਰ ਸਗਲ ਲੇ ਛਲੀਆ॥੧॥		Maeree Maeree Kar Kai Sanchee Anth Kee Baar Sagal Lae Shhaleeaa ||1||	Crying out, ""Mine, mine!"" they collect possessions, but in the end, they are all deceived. ||1||	ਸਾਰੇ ਜੀਵ (ਇਸ ਮਾਇਆ ਦੀ) ਮਮਤਾ ਵਿਚ ਫਸ ਕੇ (ਇਸ ਨੂੰ) ਇਕੱਠੀ ਕਰਦੇ ਹਨ, ਪਰ ਅਖ਼ੀਰਲੇ ਵੇਲੇ ਇਹ ਸਭ ਨੂੰ ਧੋਖਾ ਦੇ ਜਾਂਦੀ ਹੈ ॥੧॥
42929	1004	ਨਿਰਭਉ ਨਿਰੰਕਾਰੁ ਦਇਅਲੀਆ॥	ਦ-ਇਅਲੀਆ	Nirabho Nirankaar Dhaeialeeaa ||	The Lord is fearless, formless and merciful.	ਜਿਹੜਾ ਪਰਮਾਤਮਾ ਡਰ-ਰਹਿਤ ਹੈ, ਜਿਸ ਦਾ ਕੋਈ ਖ਼ਾਸ ਸਰੂਪ ਦੱਸਿਆ ਨਹੀਂ ਜਾ ਸਕਦਾ, ਜੋ ਦਇਆ ਦਾ ਘਰ ਹੈ,
42930	1004	ਜੀਅ ਜੰਤ ਸਗਲੇ ਪ੍ਰਤਿਪਲੀਆ॥੧॥ਰਹਾਉ॥		Jeea Janth Sagalae Prathipaleeaa ||1|| Rehaao ||	He is the Cherisher of all beings and creatures. ||1||Pause||	ਉਹ ਸਾਰੇ ਜੀਵਾਂ ਦੀ ਪਾਲਣਾ ਕਰਦਾ ਹੈ ॥੧॥ ਰਹਾਉ ॥
42931	1004	ਏਕੈ ਸ੍ਰਮੁ ਕਰਿ ਗਾਡੀ ਗਡ ਹੈ॥	(ਏਕੈ) ਇੱਕ। (ਸ੍ਰਮੁ) ਕਸ਼ਟ। (ਕਰਿ) ਕਰਕੇ। ਮਾਇਆ ਦੀ (ਗਾਡੀ) ਗੱਡੀ। (ਗੱਡ) ਗੱਡਦੇ ਹਨ	Eaekai Sram Kar Gaaddee Gaddehai ||	Some collect wealth, and bury it in the ground.	ਕੋਈ ਤਾਂ ਐਸਾ ਹੈ ਜੋ ਬੜੀ ਮਿਹਨਤ ਨਾਲ ਕਮਾ ਕੇ ਧਰਤੀ ਵਿਚ ਦੱਬ ਰੱਖਦਾ ਹੈ;
42932	1004	ਏਕਹਿ ਸੁਪਨੈ ਦਾਮੁ ਨ ਛਡਹੈ॥		Eaekehi Supanai Dhaam N Shhaddehai ||	Some cannot abandon wealth, even in their dreams.	ਕੋਈ ਐਸਾ ਹੈ ਜੋ ਸੁਪਨੇ ਵਿਚ (ਭੀ, ਭਾਵ, ਕਦੇ ਭੀ ਇਸ ਨੂੰ) ਹੱਥੋਂ ਨਹੀਂ ਛੱਡਦਾ।

42933	1004	ਰਾਜੁ ਕਮਾਇ ਕਰੀ ਜਿਨਿ ਥੈਲੀ ਤਾ ਕੈ ਸੰਗਿ ਨ ਚੰਚਲਿ ਚਲੀਆ॥੨॥	ਥੈੱਲੀ। ਚੱਲੀਆ	Raaj Kamaae Karee Jin Thhailee Thaa Kai Sang N Chanchal Chaleeaa ||2||	The king exercises his power, and fills his money-bags, but this fickle companion will not go along with him. ||2||	ਜਿਸ ਮਨੁੱਖ ਨੇ ਹਕੂਮਤ ਕਰ ਕੇ ਖ਼ਜ਼ਾਨਾ ਜੋੜ ਲਿਆ; ਇਹ ਕਦੇ ਇੱਕ ਥਾਂ ਨਾਹ ਟਿਕਣ ਵਾਲੀ ਮਾਇਆ ਉਸ ਦੇ ਨਾਲ ਭੀ ਨਹੀਂ ਜਾਂਦੀ ॥੨॥
42934	1004	ਏਕਹਿ ਪ੍ਰਾਣ ਪਿੰਡ ਤੇ ਪਿਆਰੀ॥		Eaekehi Praan Pindd Thae Piaaree ||	Some love this wealth even more than their body and breath of life.	ਕੋਈ ਅਜਿਹਾ ਮਨੁੱਖ ਹੈ ਜਿਸ ਨੂੰ ਇਹ ਮਾਇਆ ਜਿੰਦ ਨਾਲੋਂ ਸਰੀਰ ਨਾਲੋਂ ਭੀ ਵਧੀਕ ਪਿਆਰੀ ਲੱਗਦੀ ਹੈ।
42935	1004	ਏਕ ਸੰਚੀ ਤਜਿ ਬਾਪ ਮਹਤਾਰੀ॥		Eaek Sanchee Thaj Baap Mehathaaree ||	Some collect it, forsaking their fathers and mothers.	ਕੋਈ ਐਸਾ ਹੈ ਜੋ ਮਾਪਿਆਂ ਦਾ ਸਾਥ ਛੱਡ ਕੇ ਇਕੱਠੀ ਕਰਦਾ ਹੈ;
42936	1004	ਸੁਤ ਮੀਤ ਭ੍ਰਾਤ ਤੇ ਗੁਹਜੀ ਤਾ ਕੈ ਨਿਕਟਿ ਨ ਹੋਈ ਖਲੀਆ॥੩॥		Suth Meeth Bhraath Thae Guhajee Thaa Kai Nikatt N Hoee Khaleeaa ||3||	Some hide it from their children, friends and siblings, but it will not remain with them. ||3||	ਪੁੱਤਰਾਂ ਮਿੱਤਰਾਂ ਭਰਾਵਾਂ ਤੋਂ ਲੁਕਾ ਕੇ ਰੱਖਦਾ ਹੈ, ਪਰ ਇਹ ਉਸ ਦੇ ਕੋਲ ਭੀ ਨਹੀਂ ਖਲੋਂਦੀ ॥੩॥
42937	1004	ਹੋਇ ਅਉਧੂਤ ਬੈਠੇ ਲਾਇ ਤਾਰੀ॥		Hoe Aoudhhooth Baithae Laae Thaaree ||	Some become hermits, and sit in meditative trances.	ਕਈ ਐਸੇ ਹਨ ਜੋ ਤਿਆਗੀ ਬਣ ਕੇ ਸਮਾਧੀ ਲਾ ਕੇ ਬੈਠਦੇ ਹਨ;
42938	1004	ਜੋਗੀ ਜਤੀ ਪੰਡਿਤ ਬੀਚਾਰੀ॥		Jogee Jathee Panddith Beechaaree ||	Some are Yogis, celibates, religious scholars and thinkers.	ਕਈ ਜੋਗੀ ਹਨ ਜਤੀ ਹਨ ਸਿਆਣੇ ਪੰਡਿਤ ਹਨ;

42939	1004	ਗ੍ਰਿਹਿ ਮੜੀ ਮਸਾਣੀ ਬਨ ਮਹਿ ਬਸਤੇ ਊਠਿ ਤਿਨਾ ਕੈ ਲਾਗੀ ਪਲੀਆ॥੪॥	ਮੜ੍ਹੀ, ਪੱਲੀਆ	Grihi Marree Masaanee Ban Mehi Basathae Ooth Thinaa Kai Laagee Paleeaa ||4||	Some dwell in homes, graveyards, cremation grounds and forests; but Maya still clings to them there. ||4||	(ਪੰਡਿਤ) ਘਰ ਵਿਚ, (ਤਿਆਗੀ) ਮੜ੍ਹੀਆਂ ਮਸਾਣਾਂ ਵਿਚ ਜੰਗਲਾਂ ਵਿਚ ਟਿਕੇ ਰਹਿੰਦੇ ਹਨ, ਪਰ ਇਹ ਮਾਇਆ ਉੱਠ ਕੇ ਉਹਨਾਂ ਨੂੰ ਭੀ ਚੰਬੜ ਜਾਂਦੀ ਹੈ ॥੪॥
42940	1004	ਕਾਟੇ ਬੰਧਨ ਠਾਕੁਰਿ ਜਾ ਕੇ॥		Kaattae Bandhhan Thaakur Jaa Kae ||	When the Lord and Master releases one from his bonds,	ਮਾਲਕ-ਪ੍ਰਭੂ ਨੇ ਜਿਨ੍ਹਾਂ ਮਨੁੱਖਾਂ ਦੇ (ਮਾਇਆ ਦੇ ਮੋਹ ਦੇ) ਬੰਧਨ ਕੱਟ ਦਿੱਤੇ,
42941	1004	ਹਰਿ ਹਰਿ ਨਾਮੁ ਬਸਿਓ ਜੀਅ ਤਾ ਕੈ॥		Har Har Naam Basiou Jeea Thaa Kai ||	The Name of the Lord, Har, Har, comes to dwell in his soul.	ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਸਦਾ ਲਈ ਆ ਟਿਕਿਆ,
42942	1004	ਸਾਧਸੰਗਿ ਭਏ ਜਨ ਮੁਕਤੇ ਗਤਿ ਪਾਈ ਨਾਨਕ ਨਦਰਿ ਨਿਹਲੀਆ॥੫॥੨॥੧੮॥	ਨਿ-ਹਲੀਆ: ਪੋਲਾ ਬੋਲੋ	Saadhhasang Bheae Jan Mukathae Gath Paaee Naanak Nadhar Nihaleeaa ||5||2||18||	In the Saadh Sangat, the Company of the Holy, His humble servants are liberated; O Nanak, they are redeemed and enraptured by the Lord's Glance of Grace. ||5||2||18||	ਉਹ ਮਨੁੱਖ ਗੁਰੂ ਦੀ ਸੰਗਤ ਵਿਚ ਰਹਿ ਕੇ (ਮਾਇਆ ਦੇ ਮੋਹ ਦੀਆਂ ਫਾਹੀਆਂ ਤੋਂ) ਆਜ਼ਾਦ ਹੋ ਗਏ। ਹੇ ਨਾਨਕ! ਪਰਮਾਤਮਾ ਨੇ ਉਹਨਾਂ ਵਲ ਮਿਹਰ ਦੀ ਨਿਗਾਹ ਕੀਤੀ, ਤੇ, ਉਹਨਾਂ ਸਭ ਤੋਂ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲਈ ॥੫॥੨॥੧੮॥
42943	1004	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	

42944	1004	ਸਿਮਰਹੁ ਏਕੁ ਨਿਰੰਜਨ ਸੋਊ॥		Simarahu Eaek Niranjan Sooo ||	Meditate in remembrance on the One Immaculate Lord.	ਉਸੇ ਨਿਰਲੇਪ ਪਰਮਾਤਮਾ ਦਾ ਸਿਮਰਨ ਕਰਦੇ ਰਹੋ,
42945	1004	ਜਾ ਤੇ ਬਿਰਥਾ ਜਾਤ ਨ ਕੋਊ॥		Jaa Thae Birathhaa Jaath N Kooo ||	No one is turned away from Him empty-handed.	ਜਿਸ (ਦੇ ਦਰ) ਤੋਂ ਕੋਈ ਭੀ ਜੀਵ ਖ਼ਾਲੀ ਨਹੀਂ ਜਾਂਦਾ।
42946	1004	ਮਾਤ ਗਰਭ ਮਹਿ ਜਿਨਿ ਪ੍ਰਤਿਪਾਰਿਆ॥		Maath Garabh Mehi Jin Prathipaariaa ||	He cherished and preserved you in your mother's womb;	ਮਾਂ ਦੇ ਪੇਟ ਵਿਚ ਜਿਸ ਨੇ ਪਾਲਣਾ ਕੀਤੀ,
42947	1004	ਜੀਉ ਪਿੰਡੁ ਦੇ ਸਾਜਿ ਸਵਾਰਿਆ॥		Jeeo Pindd Dhae Saaj Savaariaa ||	He blessed you with body and soul, and embellished you.	ਜਿੰਦ ਤੇ ਸਰੀਰ ਦੇ ਕੇ ਪੈਦਾ ਕਰ ਕੇ ਸੋਹਣਾ ਬਣਾ ਦਿੱਤਾ।
42948	1004	ਸੋਈ ਬਿਧਾਤਾ ਖਿਨੁ ਖਿਨੁ ਜਪੀਐ॥		Soee Bidhhaathaa Khin Khin Japeeai ||	Each and every instant, meditate on that Creator Lord.	ਉਸੇ ਸਿਰਜਣਹਾਰ ਨੂੰ ਹਰੇਕ ਖਿਨ ਜਪਣਾ ਚਾਹੀਦਾ ਹੈ,
42949	1004	ਜਿਸੁ ਸਿਮਰਤ ਅਵਗੁਣ ਸਭਿ ਢਕੀਐ॥		Jis Simarath Avagun Sabh Dtakeeai ||	Meditating in remembrance on Him, all faults and mistakes are covered.	ਜਿਸ ਨੂੰ ਸਿਮਰਦਿਆਂ ਆਪਣੇ ਸਾਰੇ ਔਗੁਣਾਂ ਨੂੰ ਢੱਕ ਸਕੀਦਾ ਹੈ।
42950	1004	ਚਰਣਕਮਲ ਉਰ ਅੰਤਰਿ ਧਾਰਹੁ॥		Charan Kamal Our Anthar Dhaarahu ||	Enshrine the Lord's lotus feet deep within the nucleus of your self.	ਪਰਮਾਤਮਾ ਦੇ ਸੋਹਣੇ ਚਰਨ (ਆਪਣੇ) ਹਿਰਦੇ ਵਿਚ ਵਸਾਈ ਰੱਖੋ,

42951	1004	ਬਿਖਿਆ ਬਨ ਤੇ ਜੀਉ ਉਧਾਰਹੁ॥		Bikhiaa Ban Thae Jeeo Oudhhaarahu ||	Save your soul from the waters of corruption.	ਤੇ ਇਸ ਤਰ੍ਹਾਂ ਮਾਇਆ (ਸਾਗਰ ਦੇ ਠਾਠਾਂ ਮਾਰ ਰਹੇ) ਪਾਣੀ ਤੋਂ (ਆਪਣੀ) ਜਿੰਦ ਨੂੰ ਬਚਾ ਲਵੋ।
42952	1004	ਕਰਣ ਪਲਾਹ ਮਿਟਹਿ ਬਿਲਲਾਟਾ॥		Karan Palaah Mittehi Bilalaattaa ||	Your cries and shrieks shall be ended;	(ਸਿਮਰਨ ਦੀ ਬਰਕਤਿ ਨਾਲ) ਸਾਰੇ ਕੀਰਨੇ ਤੇ ਵਿਰਲਾਪ ਮਿਟ ਜਾਂਦੇ ਹਨ,
42953	1004	ਜਪਿ ਗੋਵਿਦ ਭਰਮੁ ਭਉ ਫਾਟਾ॥		Jap Govidh Bharam Bho Faattaa ||	Meditating on the Lord of the Universe, your doubts and fears shall be dispelled.	ਗੋਬਿੰਦ (ਦਾ ਨਾਮ) ਜਪ ਕੇ ਭਟਕਣਾ ਅਤੇ ਡਰ (ਦਾ ਪੜਦਾ) ਫਟ ਜਾਂਦਾ ਹੈ।
42954	1004	ਸਾਧਸੰਗਿ ਵਿਰਲਾ ਕੋ ਪਾਏ॥		Saadhhasang Viralaa Ko Paaeae ||	Rare is that being, who finds the Saadh Sangat, the Company of the Holy.	ਪਰ, ਕੋਈ ਵਿਰਲਾ ਮਨੁੱਖ ਗੁਰੂ ਦੀ ਸੰਗਤ ਵਿਚ ਰਹਿ ਕੇ ਨਾਮ ਪ੍ਰਾਪਤ ਕਰਦਾ ਹੈ।
42955	1004	ਨਾਨਕੁ ਤਾ ਕੈ ਬਲਿ ਬਲਿ ਜਾਏ॥੧॥		Naanak Thaa Kai Bal Bal Jaaeae ||1||	Nanak is a sacrifice, a sacrifice to Him. ||1||	ਨਾਨਕ ਉਸ ਮਨੁੱਖ ਤੋਂ ਸਦਾ ਸਦਕੇ ਜਾਂਦਾ ਹੈ ॥੧॥
42956	1004	ਰਾਮ ਨਾਮੁ ਮਨਿ ਤਨਿ ਆਧਾਰਾ॥		Raam Naam Man Than Aadhhaaraa ||	The Lord's Name is the support of my mind and body.	ਪਰਮਾਤਮਾ ਦੇ ਨਾਮ ਨੂੰ ਆਪਣੇ ਮਨ ਵਿਚ ਆਪਣੇ ਸਰੀਰ ਵਿਚ (ਆਪਣੀ ਜ਼ਿੰਦਗੀ ਦਾ) ਸਹਾਰਾ ਬਣਾਈ ਰੱਖ।

42957	1004	ਜੋ ਸਿਮਰੈ ਤਿਸ ਕਾ ਨਿਸਤਾਰਾ ॥੧॥ਰਹਾਉ॥		Jo Simarai This Kaa Nisathaaraa ||1|| Rehaao ||	Whoever meditates on Him is emancipated. ||1||Pause||	ਜਿਹੜਾ ਮਨੁੱਖ (ਨਾਮ) ਸਿਮਰਦਾ ਹੈ (ਸੰਸਾਰ-ਸਮੁੰਦਰ ਤੋਂ) ਉਸ (ਮਨੁੱਖ) ਦਾ ਪਾਰ-ਉਤਾਰਾ ਹੋ ਜਾਂਦਾ ਹੈ ॥੧॥ ਰਹਾਉ ॥
42958	1004	ਮਿਥਿਆ ਵਸਤੁ ਸਤਿ ਕਰਿ ਮਾਨੀ॥		Mithhiaa Vasath Sath Kar Maanee ||	He believes that the false thing is true.	(ਹੇ ਮੂਰਖ!) ਤੂੰ ਨਾਸਵੰਤ ਪਦਾਰਥ ਨਾਲ ਤੇ ਉਸ ਨੂੰ ਸਦਾ-ਥਿਰ ਰਹਿਣ ਵਾਲਾ ਸਮਝ ਰਿਹਾ ਹੈਂ।
42959	1004	ਹਿਤੁ ਲਾਇਓ ਸਠ ਮੂੜ ਅਗਿਆਨੀ॥	ਹਿਤੁ ਸਠ: ਪੋਲੇ ਬੋਲੋ	Hith Laaeiou Sath Moorr Agiaanee ||	The ignorant fool falls in love with it.	ਹੇ ਦੁਸ਼ਟ! ਹੇ ਮੂਰਖ! ਹੇ ਬੇ-ਸਮਝ! ਤੂੰ (ਨਾਸਵੰਤ ਪਦਾਰਥਾਂ) ਪਿਆਰ ਪਾਇਆ ਹੈ।
42960	1004	ਕਾਮ ਕ੍ਰੋਧ ਲੋਭ ਮਦ ਮਾਤਾ॥	ਮਾੱਤਾ	Kaam Krodhh Lobh Madh Maathaa ||	He is intoxicated with the wine of sexual desire, anger and greed;	(ਹੇ ਮੂਰਖ!) ਤੂੰ ਕਾਮ ਕ੍ਰੋਧ ਲੋਭ (ਆਦਿਕ ਵਿਕਾਰਾਂ) ਦੇ ਨਸ਼ੇ ਵਿਚ ਮਸਤ ਹੈਂ,
42961	1004	ਕਉਡੀ ਬਦਲੈ ਜਨਮੁ ਗਵਾਤਾ॥		Kouddee Badhalai Janam Gavaathaa ||	He loses this human life in exchance for a mere shell.	ਤੇ, ਇਸ ਤਰ੍ਹਾਂ ਕੌਡੀ ਦੇ ਵੱਟੇ ਆਪਣਾ (ਕੀਮਤੀ ਮਨੁੱਖਾ) ਜਨਮ ਗਵਾ ਰਿਹਾ ਹੈਂ।
42962	1004	ਅਪਨਾ ਛੋਡਿ ਪਰਾਇਐ ਰਾਤਾ॥	ਰੱਾਤਾ	Apanaa Shhodd Paraaeiai Raathaa ||	He abandons his own, and loves that of others.	ਹੇ ਮੂਰਖ! (ਸਿਰਫ਼ ਪਰਮਾਤਮਾ ਹੀ) ਆਪਣਾ (ਅਸਲ ਸਾਥੀ ਹੈ, ਉਸ ਨੂੰ) ਛੱਡ ਕੇ ਪਰਾਏ (ਹੋ ਜਾਣ ਵਾਲੇ ਧਨ-ਪਦਾਰਥ) ਨਾਲ ਪਿਆਰ ਕਰ ਰਿਹਾ ਹੈਂ।

42963	1004	ਮਾਇਆ ਮਦ ਮਨ ਤਨ ਸੰਗਿ ਜਾਤਾ॥		Maaeiaa Madh Man Than Sang Jaathaa ||	His mind and body are permeated with the intoxication of Maya.	ਤੈਨੂੰ ਮਾਇਆ ਦਾ ਨਸ਼ਾ ਚੜ੍ਹਿਆ ਹੋਇਆ ਹੈ, ਤੂੰ ਮਨ ਦੇ ਪਿੱਛੇ ਲੱਗ ਕੇ ਸਿਰਫ਼ ਸਰੀਰ ਦੀ ਖ਼ਾਤਰ ਦੌੜ-ਭੱਜ ਕਰਦਾ ਹੈਂ।
42964	1004	ਤ੍ਰਿਸਨ ਨ ਬੂਝੈ ਕਰਤ ਕਲੋਲਾ॥	ਬੂਝੈ: ਪੋਲਾ ਬੋਲੋ	Thrisan N Boojhai Karath Kalolaa ||	His thirsty desires are not quenched, although he indulges in pleasures.	ਦੁਨੀਆ ਦੇ ਮੌਜ-ਮੇਲੇ ਮਾਣਦਿਆਂ ਤੇਰੀ ਤ੍ਰਿਸ਼ਨਾ ਨਹੀਂ ਮਿਟਦੀ।
42965	1004	ਊਣੀ ਆਸ ਮਿਥਿਆ ਸਭਿ ਬੋਲਾ॥		Oonee Aas Mithhiaa Sabh Bolaa ||	His hopes are not fulfilled, and all his words are false.	(ਤੇਰੀ ਰੱਜਣ ਦੀ) ਆਸ (ਕਦੇ) ਪੂਰੀ ਨਹੀਂ ਹੁੰਦੀ। ਨਾਸਵੰਤ ਮਾਇਆ ਦੀ ਖ਼ਾਤਰ ਹੀ ਤੇਰੀਆਂ ਸਾਰੀਆਂ ਗੱਲਾਂ ਹਨ।
42966	1004	ਆਵਤ ਇਕੇਲਾ ਜਾਤ ਇਕੇਲਾ॥		Aavath Eikaelaa Jaath Eikaelaa ||	He comes alone, and he goes alone.	ਜੀਵ ਇਸ ਸੰਸਾਰ ਵਿਚ ਇਕੱਲਾ ਹੀ ਆਉਂਦਾ ਹੈ ਇਥੋਂ ਇਕੱਲਾ ਹੀ ਤੁਰ ਪੈਂਦਾ ਹੈ;
42967	1005	ਹਮ ਤੁਮ ਸੰਗਿ ਝੂਠੇ ਸਭਿ ਬੋਲਾ॥		Ham Thum Sang Jhoothae Sabh Bolaa ||	False is all his talk of me and you.	ਸੰਸਾਰੀ ਸਾਥੀਆਂ ਨਾਲ (ਸਾਥ ਨਿਬਾਹੁਣ ਵਾਲੇ) ਸਾਰੇ ਬੋਲ ਝੂਠ ਹੀ ਹੋ ਜਾਂਦੇ ਹਨ।
42968	1005	ਪਾਇ ਠਗਉਰੀ ਆਪਿ ਭੁਲਾਇਓ॥		Paae Thagouree Aap Bhulaaeiou ||	The Lord Himself administers the poisonous potion, to mislead and delude.	ਪਰ, (ਜੀਵਾਂ ਦੇ ਭੀ ਕੀਹ ਵੱਸ?) ਪਰਮਾਤਮਾ ਆਪ ਹੀ (ਮਾਇਆ ਦੇ ਮੋਹ ਦੀ) ਠਗ-ਬੂਟੀ ਖਵਾ ਕੇ ਜੀਵ ਨੂੰ ਕੁਰਾਹੇ ਪਾ ਦੇਂਦਾ ਹੈ।
42969	1005	ਨਾਨਕ ਕਿਰਤੁ ਨ ਜਾਇ ਮਿਟਾਇਓ॥੨॥		Naanak Kirath N Jaae Mittaaeiou ||2||	O Nanak, the the karma of past actions cannot be erased. ||2||	ਹੇ ਨਾਨਕ! (ਜਨਮਾਂ ਜਨਮਾਂਤਰਾਂ ਦੇ) ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ ਮਿਟਾਇਆ ਨਹੀਂ ਜਾ ਸਕਦਾ ॥੨॥

42970	1005	ਪਸੁ ਪੰਖੀ ਭੂਤ ਅਰੁ ਪ੍ਰੇਤਾ॥		Pas Pankhee Bhooth Ar Praethaa ||	Beasts, birds, demons and ghosts	ਜੀਵ ਪਸ਼ੂ ਪੰਛੀ ਭੂਤ ਪ੍ਰੇਤ ਆਦਿਕ
42971	1005	ਬਹੁ ਬਿਧਿ ਜੋਨੀ ਫਿਰਤ ਅਨੇਤਾ॥	ਬਿਧਿ: ਪੋਲਾ ਬੋਲੋ	Bahu Bidhh Jonee Firath Anaethaa ||	- in these many ways, the false wander in reincarnation.	ਅਨੇਕਾਂ ਜੂਨਾਂ ਵਿਚ (ਮਾਇਆ ਦੇ ਮੋਹ ਵਿਚ) ਅੰਨ੍ਹਾ ਹੋਇਆ ਜੀਵ ਭਟਕਦਾ ਫਿਰਦਾ ਹੈ।
42972	1005	ਜਹ ਜਾਨੋ ਤਹ ਰਹਨੁ ਨ ਪਾਵੈ॥		Jeh Jaano Theh Rehan N Paavai ||	Wherever they go, they cannot remain there.	ਜਿਸ ਅਸਲ ਟਿਕਾਣੇ ਤੇ ਜਾਣਾ ਹੈ ਉਥੇ ਟਿਕ ਨਹੀਂ ਸਕਦਾ,
42973	1005	ਥਾਨ ਬਿਹੂਨ ਉਠਿ ਉਠਿ ਫਿਰਿ ਧਾਵੈ॥		Thhaan Bihoon Outh Outh Fir Dhhaavai ||	They have no place of rest; they rise up again and again and run around.	ਨਿਥਾਵਾਂ ਹੋ ਕੇ ਮੁੜ ਮੁੜ ਉੱਠ ਕੇ (ਹੋਰ ਹੋਰ ਜੂਨਾਂ ਵਿਚ) ਭਟਕਦਾ ਹੈ।
42974	1005	ਮਨਿ ਤਨਿ ਬਾਸਨਾ ਬਹੁਤੁ ਬਿਸਥਾਰਾ॥		Man Than Baasanaa Bahuth Bisathhaaraa ||	Their minds and bodies are filled with immense, expansive desires.	(ਮਾਇਆ ਦੇ ਮੋਹ ਦੇ ਕਾਰਨ) ਮਨੁੱਖ ਦੇ ਮਨ ਵਿਚ ਤਨ ਵਿਚ ਅਨੇਕਾਂ ਵਾਸਨਾਂ ਦਾ ਖਿਲਾਰਾ ਖਿਲਰਿਆ ਰਹਿੰਦਾ ਹੈ,
42975	1005	ਅਹੰਮੇਵ ਮੂਠੋ ਬੇਚਾਰਾ॥	ਅਹੰ-ਮੇਵ	Ahanmaev Mootho Baechaaraa ||	The poor wretches are cheated by egotism.	ਹਉਮੈ ਇਸ ਵਿਚਾਰੇ ਦੇ ਆਤਮਕ ਜੀਵਨ ਨੂੰ ਲੁੱਟ ਲੈਂਦੀ ਹੈ।
42976	1005	ਅਨਿਕ ਦੋਖ ਅਰੁ ਬਹੁਤੁ ਸਜਾਈ॥		Anik Dhokh Ar Bahuth Sajaaee ||	They are filled with countless sins, and are severely punished.	ਇਸ ਦੇ ਅੰਦਰ ਐਬ ਪੈਦਾ ਹੋ ਜਾਂਦੇ ਹਨ, ਅਤੇ ਉਹਨਾਂ ਦੀ ਸਜ਼ਾ ਭੀ ਬਹੁਤ ਮਿਲਦੀ ਹੈ,

42977	1005	ਤਾ ਕੀ ਕੀਮਤਿ ਕਹਣੁ ਨ ਜਾਈ॥		Thaa Kee Keemath Kehan N Jaaee ||	The extent of this cannot be estimated.	(ਉਸ ਤੋਂ ਬਚਣ ਲਈ ਦੁਨੀਆਵੀ ਪਦਾਰਥਾਂ ਵਾਲੀ ਕੋਈ) ਕੀਮਤ ਦੱਸੀ ਨਹੀਂ ਜਾ ਸਕਦੀ (ਕਿਸੇ ਭੀ ਕੀਮਤ ਨਾਲ ਇਸ ਸਜ਼ਾ ਤੋਂ ਖ਼ਲਾਸੀ ਨਹੀਂ ਹੋ ਸਕਦੀ)।
42978	1005	ਪ੍ਰਭ ਬਿਸਰਤ ਨਰਕ ਮਹਿ ਪਾਇਆ॥		Prabh Bisarath Narak Mehi Paaeiaa ||	Forgetting God, they fall into hell.	ਪਰਮਾਤਮਾ ਦਾ ਨਾਮ ਭੁੱਲਣ ਕਰਕੇ ਜੀਵ ਨਰਕ ਵਿਚ ਸੁੱਟਿਆ ਜਾਂਦਾ ਹੈ,
42979	1005	ਤਹ ਮਾਤ ਨ ਬੰਧੁ ਨ ਮੀਤ ਨ ਜਾਇਆ॥	(ਜਾਇਆ) ਇਸਤ੍ਰੀ	Theh Maath N Bandhh N Meeth N Jaaeiaa ||	There are no mothers there, no siblings, no friends and no spouses.	ਉਥੇ ਨਾਹ ਮਾਂ, ਨਾਹ ਕੋਈ ਸੰਬੰਧੀ, ਨਾਹ ਕੋਈ ਮਿੱਤਰ, ਨਾਹ ਇਸਤ੍ਰੀ-(ਕੋਈ ਭੀ ਸਹਾਇਤਾ ਨਹੀਂ ਕਰ ਸਕਦਾ)।
42980	1005	ਜਿਸ ਕਉ ਹੋਤ ਕ੍ਰਿਪਾਲ ਸੁਆਮੀ॥		Jis Ko Hoth Kirapaal Suaamee ||	Those humble beings, unto whom the Lord and Master becomes Merciful,	ਜਿਸ ਮਨੁੱਖ ਉਤੇ ਮਾਲਕ-ਪ੍ਰਭੂ ਦਇਆਵਾਨ ਹੁੰਦਾ ਹੈ,
42981	1005	ਸੋ ਜਨੁ ਨਾਨਕ ਪਾਰਗਰਾਮੀ॥੩॥	ਪਾਰ–ਗਰਾਮੀ	So Jan Naanak Paaragaraamee ||3||	O Nanak, cross over. ||3||	ਹੇ ਨਾਨਕ! ਉਹ ਮਨੁੱਖ (ਸੰਸਾਰ-ਸਮੁੰਦਰ ਤੋਂ) ਪਾਰ ਲੰਘਣ ਜੋਗਾ ਹੁੰਦਾ ਹੈ ॥੩॥
42982	1005	ਭ੍ਰਮਤ ਭ੍ਰਮਤ ਪ੍ਰਭ ਸਰਨੀ ਆਇਆ॥		Bhramath Bhramath Prabh Saranee Aaeiaa ||	Rambling and roaming, wandering around, I came to seek the Sanctuary of God.	ਜੀਵ ਭਟਕ ਭਟਕ ਕੇ (ਆਖ਼ਿਰ ਉਸ ਪਰਮਾਤਮਾ ਦੀ) ਸਰਨ ਆਉਂਦਾ ਹੈ,

42983	1005	ਦੀਨਾ ਨਾਥ ਜਗਤ ਪਿਤ ਮਾਇਆ॥		Dheenaa Naathh Jagath Pith Maaeiaa ||	He is the Master of the meek, the father and mother of the world.	(ਜੋ) ਪ੍ਰਭੂ ਦੀਨਾਂ ਦਾ ਨਾਥ ਹੈ, ਜਗਤ ਦਾ ਮਾਂ-ਪਿਉ ਹੈ, ਦਇਆ ਦਾ ਘਰ ਹੈ, (ਜੀਵਾਂ ਦੇ) ਦੁੱਖ ਦਰਦ ਦੂਰ ਕਰਨ ਵਾਲਾ ਹੈ।
42984	1005	ਪ੍ਰਭ ਦਇਆਲ ਦੁਖ ਦਰਦ ਬਿਦਾਰਣ॥		Prabh Dhaeiaal Dhukh Dharadh Bidhaaran ||	The Merciful Lord God is the Destroyer of sorrow and suffering.	ਉਸ ਜੀਵ ਨੂੰ ਉਹ (ਪਰਮਾਤਮਾ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦੇਂਦਾ ਹੈ,
42985	1005	ਜਿਸੁ ਭਾਵੈ ਤਿਸ ਹੀ ਨਿਸਤਾਰਣ॥		Jis Bhaavai This Hee Nisathaaran ||	He emancipates whoever He pleases.	ਜਿਹੜਾ ਜੀਵ ਉਸ ਪ੍ਰਭੂ ਨੂੰ ਚੰਗਾ ਲੱਗ ਪੈਂਦਾ ਹੈ।
42986	1005	ਅੰਧ ਕੂਪ ਤੇ ਕਾਢਨਹਾਰਾ॥		Andhh Koop Thae Kaadtanehaaraa ||	He lifts them up and pulls him out of the deep dark pit.	(ਸੰਸਾਰ-ਰੂਪ) ਅੰਨ੍ਹੇ ਖੂਹ ਵਿਚੋਂ (ਪ੍ਰਭੂ ਜੀਵ ਨੂੰ) ਕੱਢਣ ਦੇ ਸਮਰੱਥ ਹੈ,
42987	1005	ਪ੍ਰੇਮ ਭਗਤਿ ਹੋਵਤ ਨਿਸਤਾਰਾ॥		Praem Bhagath Hovath Nisathaaraa ||	Emancipation comes through loving devotional worship.	ਪ੍ਰਭੂ ਦੀ ਪਿਆਰ-ਭਰੀ ਭਗਤੀ ਨਾਲ ਜੀਵ ਦਾ ਪਾਰ-ਉਤਾਰਾ ਹੋ ਜਾਂਦਾ ਹੈ।
42988	1005	ਸਾਧ ਰੂਪ ਅਪਨਾ ਤਨੁ ਧਾਰਿਆ॥		Saadhh Roop Apanaa Than Dhhaariaa ||	The Holy Saint is the very embodiment of the Lord's form.	ਪਰਮਾਤਮਾ ਨੇ ਗੁਰੂ-ਰੂਪ ਆਪਣਾ ਸਰੀਰ (ਆਪ ਹੀ ਸਦਾ) ਧਾਰਨ ਕੀਤਾ ਹੈ,
42989	1005	ਮਹਾ ਅਗਨਿ ਤੇ ਆਪਿ ਉਬਾਰਿਆ॥		Mehaa Agan Thae Aap Oubaariaa ||	He Himself saves us from the great fire.	ਤੇ ਜੀਵਾਂ ਨੂੰ ਮਾਇਆ ਦੀ ਵੱਡੀ ਅੱਗ ਤੋਂ ਆਪ ਹੀ ਸਦਾ ਬਚਾਇਆ ਹੈ।

42990	1005	ਜਪ ਤਪ ਸੰਜਮ ਇਸ ਤੇ ਕਿਛੁ ਨਾਹੀ॥		Jap Thap Sanjam Eis Thae Kishh Naahee ||	By myself, I cannot practice meditation, austerities, penance and self-discipline.	ਨਹੀਂ ਤਾਂ ਇਸ ਜੀਵ ਪਾਸੋਂ ਜਪ ਤਪ (ਨਾਮ ਦੀ ਕਮਾਈ) ਤੇ ਸੰਜਮ (ਸੁੱਧ ਆਚਰਨ) ਦੀ ਮਿਹਨਤ ਕੁਝ ਭੀ ਨਹੀਂ ਹੋ ਸਕਦੀ।
42991	1005	ਆਦਿ ਅੰਤਿ ਪ੍ਰਭ ਅਗਮ ਅਗਾਹੀ॥		Aadh Anth Prabh Agam Agaahee ||	In the beginning and in the end, God is inaccessible and unfathomable.	ਹੇ ਪ੍ਰਭੂ! ਜਗਤ ਦੇ ਸ਼ੁਰੂ ਤੋਂ ਅੰਤ ਤਕ ਤੂੰ ਹੀ ਕਾਇਮ ਰਹਿਣ ਵਾਲਾ ਹੈਂ, ਤੂੰ ਅਪਹੁੰਚ ਹੈਂ, ਤੂੰ ਅਥਾਹ ਹੈਂ।
42992	1005	ਨਾਮੁ ਦੇਹਿ ਮਾਗੈ ਦਾਸੁ ਤੇਰਾ॥		Naam Dhaehi Maagai Dhaas Thaeraa ||	Please bless me with Your Name, Lord; Your slave begs only for this.	ਤੇਰਾ ਦਾਸ ਤੇਰੇ ਦਰ ਤੋਂ ਤੇਰਾ ਨਾਮ ਮੰਗਦਾ ਹੈ।
42993	1005	ਹਰਿ ਜੀਵਨਪਦੁ ਨਾਨਕ ਪ੍ਰਭੁ ਮੇਰਾ॥੪॥੩॥੧੯॥		Har Jeevan Padh Naanak Prabh Maeraa ||4||3||19||	O Nanak, my Lord God is the Giver of the true state of life. ||4||3||19||	ਹੇ ਨਾਨਕ! ਮੇਰਾ ਹਰੀ-ਪ੍ਰਭੂ ਆਤਮਕ ਜੀਵਨ ਦਾ ਦਰਜਾ (ਦੇਣ ਵਾਲਾ) ਹੈ ॥੪॥੩॥੧੯॥
42994	1005	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
42995	1005	ਕਤ ਕਉ ਡਹਕਾਵਹੁ ਲੋਗਾ ਮੋਹਨ ਦੀਨ ਕਿਰਪਾਈ॥੧॥		Kath Ko Ddehakaavahu Logaa Mohan Dheen Kirapaaee ||1||	Why do you try to deceive others, O people of the world? The Fascinating Lord is Merciful to the meek. ||1||	ਹੇ ਲੋਕੋ! ਤੁਸੀਂ ਕਿਉਂ ਆਪਣੇ ਮਨ ਨੂੰ ਡੁਲਾਂਦੇ ਹੋ? ਸੋਹਣਾ ਪ੍ਰਭੂ ਗਰੀਬਾਂ ਉਤੇ ਦਇਆ ਕਰਨ ਵਾਲਾ ਹੈ ॥੧॥

42996	1005	ਐਸੀ ਜਾਨਿ ਪਾਈ॥		Aisee Jaan Paaee ||	This is what I have come to know.	ਮੈਂ ਤਾਂ ਇਉਂ ਸਮਝ ਲਿਆ ਹੈ
42997	1005	ਸਰਣਿ ਸੂਰੋ ਗੁਰ ਦਾਤਾ ਰਾਖੈ ਆਪਿ ਵਡਾਈ॥੧॥ਰਹਾਉ॥		Saran Sooro Gur Dhaathaa Raakhai Aap Vaddaaee ||1|| Rehaao ||	The brave and heroic Guru, the Generous Giver, gives Sanctuary and preserves our honor. ||1||Pause||	ਕਿ ਪਰਮਾਤਮਾ ਸਭ ਤੋਂ ਵੱਡਾ ਦਾਤਾ ਹੈ, ਸਰਨ ਪਿਆਂ ਦੀ ਮਦਦ ਕਰਨ ਵਾਲਾ ਸੂਰਮਾ ਹੈ, (ਆਪਣੇ ਸੇਵਕ ਦੀ) ਆਪ ਲਾਜ ਰੱਖਦਾ ਹੈ ॥੧॥ ਰਹਾਉ ॥
42998	1005	ਭਗਤਾ ਕਾ ਆਗਿਆਕਾਰੀ ਸਦਾ ਸਦਾ ਸੁਖਦਾਈ॥੨॥		Bhagathaa Kaa Aagiaakaaree Sadhaa Sadhaa Sukhadhaaee ||2||	He submits to the Will of His devotees; He is forever and ever the Giver of peace. ||2||	ਹੇ ਲੋਕੋ! ਪਰਮਾਤਮਾ ਆਪਣੇ ਭਗਤਾਂ ਦੀ ਅਰਜ਼ੋਈ ਮੰਨਣ ਵਾਲਾ ਹੈ, ਅਤੇ (ਉਹਨਾਂ ਨੂੰ) ਸਦਾ ਹੀ ਸੁਖ ਦੇਣ ਵਾਲਾ ਹੈ ॥੨॥
42999	1005	ਅਪਨੇ ਕਉ ਕਿਰਪਾ ਕਰੀਅਹੁ ਇਕੁ ਨਾਮੁ ਧਿਆਈ॥੩॥		Apanae Ko Kirapaa Kareeahu Eik Naam Dhhiaaee ||3||	Please bless me with Your Mercy, that I may meditate on Your Name alone. ||3||	(ਹੇ ਪ੍ਰਭੂ! ਮੈਂ ਨਾਨਕ ਤੇਰੇ ਦਰ ਦਾ ਸੇਵਕ ਹਾਂ) ਆਪਣੇ (ਇਸ) ਸੇਵਕ ਉਤੇ ਮਿਹਰ ਕਰਨੀ, ਮੈਂ (ਤੇਰਾ ਸੇਵਕ) ਤੇਰਾ ਨਾਮ ਹੀ ਸਿਮਰਦਾ ਰਹਾਂ ॥੩॥

43000	1005	ਨਾਨਕੁ ਦੀਨੁ ਨਾਮੁ ਮਾਗੈ ਦੁਤੀਆ ਭਰਮੁ ਚੁਕਾਈ॥੪॥੪॥੨੦॥		Naanak Dheen Naam Maagai Dhutheeaa Bharam Chukaaee ||4||4||20||	Nanak, the meek and humble, begs for the Naam, the Name of the Lord; it eradicates duality and doubt. ||4||4||20||	ਹੇ ਪ੍ਰਭੂ! ਕਿਸੇ ਹੋਰ ਦੂਜੇ (ਨੂੰ ਤੇਰੇ ਵਰਗਾ ਸਮਝਣ) ਦਾ ਭੁਲੇਖਾ ਦੂਰ ਕਰ ਕੇ ਗਰੀਬ ਨਾਨਕ (ਤੇਰੇ ਦਰ ਤੋਂ) ਤੇਰਾ ਨਾਮ ਮੰਗਦਾ ਹੈ ॥੪॥੪॥੨੦॥
43001	1005	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
43002	1005	ਮੇਰਾ ਠਾਕੁਰੁ ਅਤਿ ਭਾਰਾ॥		Maeraa Thaakur Ath Bhaaraa ||	My Lord and Master is utterly powerful.	ਮੇਰਾ ਮਾਲਕ ਪ੍ਰਭੂ ਬਹੁਤ ਤਾਕਤਾਂ ਦਾ ਮਾਲਕ ਹੈ।
43003	1005	ਮੋਹਿ ਸੇਵਕੁ ਬੇਚਾਰਾ॥੧॥		Mohi Saevak Baechaaraa ||1||	I am just His poor servant. ||1||	ਮੈਂ (ਤਾਂ ਉਸ ਦੇ ਦਰ ਤੇ ਇਕ) ਨਿਮਾਣਾ ਸੇਵਕ ਹਾਂ ॥੧॥
43004	1005	ਮੋਹਨੁ ਲਾਲੁ ਮੇਰਾ ਪ੍ਰੀਤਮ ਮਨ ਪ੍ਰਾਨਾ॥		Mohan Laal Maeraa Preetham Man Praanaa ||	My Enticing Beloved is very dear to my mind and my breath of life.	ਹੇ ਮੇਰੇ ਮਨ ਦੇ ਪਿਆਰੇ! ਹੇ ਮੇਰੀ ਜਿੰਦ ਦੇ ਪਿਆਰੇ! ਤੂੰ ਮੇਰਾ ਸੋਹਣਾ ਪਿਆਰਾ ਪ੍ਰਭੂ ਹੈਂ।
43005	1005	ਮੋਕਉ ਦੇਹੁ ਦਾਨਾ॥੧॥ਰਹਾਉ॥		Mo Ko Dhaehu Dhaanaa ||1|| Rehaao ||	He blesses me with His gift. ||1||Pause||	ਮੈਨੂੰ (ਆਪਣੇ ਨਾਮ ਦਾ) ਦਾਨ ਬਖ਼ਸ਼ ॥੧॥ ਰਹਾਉ ॥
43006	1005	ਸਗਲੇ ਮੈ ਦੇਖੇ ਜੋਈ॥		Sagalae Mai Dhaekhae Joee ||	I have seen and tested all.	ਹੋਰ ਸਾਰੇ ਆਸਰੇ ਖੋਜ ਕੇ ਵੇਖ ਲਏ ਹਨ,
43007	1005	ਬੀਜਉ ਅਵਰੁ ਨ ਕੋਈ॥੨॥		Beejo Avar N Koee ||2||	There is none other than Him. ||2||	ਕੋਈ ਹੋਰ ਦੂਜਾ (ਉਸ ਪ੍ਰਭੂ ਦੇ ਬਰਾਬਰ ਦਾ) ਨਹੀਂ ਹੈ ॥੨॥

43008	1005	ਜੀਅਨ ਪ੍ਰਤਿਪਾਲਿ ਸਮਾਹੈ॥		Jeean Prathipaal Samaahai ||	He sustains and nurtures all beings.	ਪਰਮਾਤਮਾ ਸਾਰੇ ਜੀਵਾਂ ਨੂੰ ਪਾਲਦਾ ਹੈ, ਸਭ ਨੂੰ ਰੋਜ਼ੀ ਅਪੜਾਂਦਾ ਹੈ।
43009	1005	ਹੈ ਹੋਸੀ ਆਹੇ॥੩॥	(ਆਹੇ) ਹਨ	Hai Hosee Aahae ||3||	He was, and shall always be. ||3||	ਉਹ ਹੁਣ ਭੀ ਹੈ, ਅਗਾਂਹ ਨੂੰ ਭੀ ਕਾਇਮ ਰਹੇਗਾ, ਪਹਿਲਾਂ ਭੀ ਸੀ ॥੩॥
43010	1005	ਦਇਆ ਮੋਹਿ ਕੀਜੈ ਦੇਵਾ॥		Dhaeiaa Mohi Keejai Dhaevaa ||	Please bless me with Your Mercy, O Divine Lord,	ਹੇ ਦੇਵ! ਮੇਰੇ ਉੱਤੇ ਦਇਆ ਕਰ,
43011	1005	ਨਾਨਕ ਲਾਗੋ ਸੇਵਾ॥੪॥੫॥੨੧॥		Naanak Laago Saevaa ||4||5||21||	And link Nanak to Your service. ||4||5||21||	ਨਾਨਕ ਤੇਰੀ ਸੇਵਾ ਭਗਤੀ ਵਿਚ ਲੱਗਾ ਰਹੇ ॥੪॥੫॥੨੧॥
43012	1005	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
43013	1005	ਪਤਿਤ ਉਧਾਰਨ ਤਾਰਨ ਬਲਿ ਬਲਿ ਬਲੇ ਬਲਿ ਜਾਈਐ॥		Pathith Oudhhaaran Thaaran Bal Bal Balae Bal Jaaeeai ||	The Redeemer of sinners, who carries us across; I am a sacrifice, a sacrifice, a sacrifice to Him.	ਵਿਕਾਰੀਆਂ ਨੂੰ ਬਚਾਣ ਵਾਲੇ ਅਤੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਵਾਲੇ ਪਰਮਾਤਮਾ ਤੋਂ ਸਦਾ ਹੀ ਕੁਰਬਾਨ ਜਾਣਾ ਚਾਹੀਦਾ ਹੈ।
43014	1005	ਐਸਾ ਕੋਈ ਭੇਟੈ ਸੰਤੁ ਜਿਤੁ ਹਰਿ ਹਰੇ ਹਰਿ ਧਿਆਈਐ॥੧॥		Aisaa Koee Bhaettai Santh Jith Har Harae Har Dhhiaaeeai ||1||	If only I could meet with such a Saint, who would inspire me to meditate on the Lord, Har, Har, Har. ||1||	(ਹਰ ਵੇਲੇ ਇਹੀ ਅਰਦਾਸ ਕਰਨੀ ਚਾਹੀਦੀ ਹੈ ਕਿ) ਕੋਈ ਅਜਿਹਾ ਸੰਤ ਮਿਲ ਪਏ ਜਿਸ ਦੀ ਰਾਹੀਂ ਸਦਾ ਹੀ ਪਰਮਾਤਮਾ ਦਾ ਸਿਮਰਨ ਕੀਤਾ ਜਾ ਸਕੇ ॥੧॥

43015	1005	ਮੋਕਉ ਕੋਇ ਨ ਜਾਨਤ ਕਹੀਅਤ ਦਾਸੁ ਤੁਮਾਰਾ॥		Mo Ko Koe N Jaanath Keheeath Dhaas Thumaaraa ||	No one knows me; I am called Your slave.	ਹੇ ਪ੍ਰਭੂ! ਮੈਨੂੰ (ਤਾਂ) ਕੋਈ ਨਹੀਂ ਜਾਣਦਾ, ਪਰ ਮੈਂ ਤੇਰਾ ਦਾਸ ਅਖਵਾਂਦਾ ਹਾਂ।
43016	1005	ਏਹਾ ਓਟ ਆਧਾਰਾ॥੧॥ਰਹਾਉ ॥		Eaehaa Outt Aadhhaaraa ||1|| Rehaao ||	This is my support and sustenance. ||1||Pause||	ਮੈਨੂੰ ਇਹੀ ਸਹਾਰਾ ਹੈ, ਮੈਨੂੰ ਇਹੀ ਆਸਰਾ ਹੈ (ਕਿ ਤੂੰ ਆਪਣੇ ਦਾਸ ਦੀ ਲਾਜ ਰੱਖੇਂਗਾ) ॥੧॥ ਰਹਾਉ ॥
43017	1005	ਸਰਬ ਧਾਰਨ ਪ੍ਰਤਿਪਾਰਨ ਇਕ ਬਿਨਉ ਦੀਨਾ॥		Sarab Dhhaaran Prathipaaran Eik Bino Dheenaa ||	You support and cherish all; I am meek and humble - this is my only prayer.	ਹੇ ਸਾਰੇ ਜੀਵਾਂ ਨੂੰ ਸਹਾਰਾ ਦੇਣ ਵਾਲੇ! ਹੇ ਸਭਨਾਂ ਨੂੰ ਪਾਲਣ ਵਾਲੇ! ਮੈਂ ਨਿਮਾਣਾ ਇਕ ਬੇਨਤੀ ਕਰਦਾ ਹਾਂ,
43018	1005	ਤੁਮਰੀ ਬਿਧਿ ਤੁਮ ਹੀ ਜਾਨਹੁ ਤੁਮ ਜਲ ਹਮ ਮੀਨਾ॥੨॥		Thumaree Bidhh Thum Hee Jaanahu Thum Jal Ham Meenaa ||2||	You alone know Your Way; You are the water, and I am the fish. ||2||	ਕਿ ਤੂੰ ਪਾਣੀ ਹੋਵੇਂ ਤੇ ਮੈਂ ਤੇਰੀ ਮੱਛੀ ਬਣਿਆ ਰਹਾਂ (ਪਰ ਇਹ ਕਿਵੇਂ ਹੋ ਸਕੇ-ਇਹ) ਜੁਗਤਿ ਤੂੰ ਆਪ ਹੀ ਜਾਣਦਾ ਹੈਂ ॥੨॥
43019	1005	ਪੂਰਨ ਬਿਸਥੀਰਨ ਸੁਆਮੀ ਆਹਿ ਆਇਓ ਪਾਛੈ॥		Pooran Bisathheeran Suaamee Aahi Aaeiou Paashhai ||	O Perfect and Expansive Lord and Master, I follow You in love.	ਹੇ ਸਰਬ-ਵਿਆਪਕ! ਹੇ ਸਾਰੇ ਪਸਾਰੇ ਦੇ ਮਾਲਕ! ਮੈਂ ਤੇਰੀ ਸਰਨ ਆ ਪਿਆ ਹਾਂ।
43020	1005	ਸਗਲੋ ਭੂ ਮੰਡਲ ਖੰਡਲ ਪ੍ਰਭ ਤੁਮ ਹੀ ਆਛੈ॥੩॥	(ਭੂ) ਧਰਤੀ। (ਮੰਡਲ) ਗੋਲਾਕਾਰ। (ਖੰਡਲ) ਖੰਡ	Sagalo Bhoo Manddal Khanddal Prabh Thum Hee Aashhai ||3||	O God, You are pervading all the worlds, solar systems and galaxies. ||3||	ਇਹ ਸਾਰਾ ਆਕਾਰ-ਧਰਤੀ, ਧਰਤੀਆਂ ਦੇ ਚੱਕਰ, ਧਰਤੀ ਦੇ ਹਿੱਸੇ-ਇਹ ਸਭ ਕੁਝ ਤੂੰ ਆਪ ਹੀ ਹੈਂ (ਤੂੰ ਆਪਣੇ ਆਪ ਤੋਂ ਪੈਦਾ ਕੀਤੇ ਹਨ) ॥੩॥

43021	1006	ਅਟਲ ਅਖਇਓ ਦੇਵਾ ਮੋਹਨ ਅਲਖ ਅਪਾਰਾ॥	ਅ-ਟਲ, ਅ-ਖਇਓ, ਅ-ਲਖ: ਪੋਲਾ ਬੋਲੋ	Attal Akhaeiou Dhaevaa Mohan Alakh Apaaraa ||	You are eternal and unchanging, imperishable, invisible and infinite, O divine fascinating Lord.	ਹੇ ਨਾਨਕ! ਹੇ ਸਦਾ ਕਾਇਮ ਰਹਿਣ ਵਾਲੇ! ਹੇ ਅਬਿਨਾਸੀ! ਹੇ ਪ੍ਰਕਾਸ਼-ਰੂਪ! ਹੇ ਸੋਹਣੇ ਸਰੂਪ ਵਾਲੇ! ਹੇ ਅਲੱਖ! ਹੇ ਬੇਅੰਤ!
43022	1006	ਦਾਨੁ ਪਾਵਉ ਸੰਤਾ ਸੰਗੁ ਨਾਨਕ ਰੇਨੁ ਦਾਸਾਰਾ॥੪॥੬॥੨੨॥		Dhaan Paavo Santhaa Sang Naanak Raen Dhaasaaraa ||4||6||22||	Please bless Nanak with the gift of the Society of the Saints, and the dust of the feet of Your slaves. ||4||6||22||	ਤੇਰੇ ਸੰਤਾਂ ਦੀ ਸੰਗਤ ਅਤੇ ਦਾਸਾਂ ਦੀ ਚਰਨ-ਧੂੜ-(ਮਿਹਰ ਕਰ) ਮੈਂ ਇਹ ਖ਼ੈਰ ਪ੍ਰਾਪਤ ਕਰ ਸਕਾਂ ॥੪॥੬॥੨੨॥
43023	1006	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
43024	1006	ਤ੍ਰਿਪਤਿ ਆਘਾਏ ਸੰਤਾ॥		Thripath Aaghaaeae Santhaa ||	The Saints are fulfilled and satisfied;	ਉਹ (ਅਮੋਲਕ ਨਾਮ-ਲਾਲ ਵਿਹਾਝ ਕੇ ਮਾਇਆ ਵਲੋਂ) ਪੂਰਨ ਤੌਰ ਤੇ ਰੱਜ ਗਏ,
43025	1006	ਗੁਰ ਜਾਨੇ ਜਿਨ ਮੰਤਾ॥		Gur Jaanae Jin Manthaa ||	They know the Guru's Mantra and the Teachings.	ਜਿਨ੍ਹਾਂ ਸੰਤ ਜਨਾਂ ਨੇ ਗੁਰੂ ਦੇ ਉਪਦੇਸ਼ ਨਾਲ ਡੂੰਘੀ ਸਾਂਝ ਪਾ ਲਈ।
43026	1006	ਤਾ ਕੀ ਕਿਛੁ ਕਹਨੁ ਨ ਜਾਈ॥		Thaa Kee Kishh Kehan N Jaaee ||	They cannot even be described;	ਉਹਨਾਂ ਦੀ (ਆਤਮਕ ਅਵਸਥਾ ਇਤਨੀ ਉੱਚੀ ਬਣ ਜਾਂਦੀ ਹੈ ਕਿ) ਬਿਆਨ ਨਹੀਂ ਕੀਤੀ ਜਾ ਸਕਦੀ,
43027	1006	ਜਾ ਕਉ ਨਾਮ ਬਡਾਈ॥੧॥		Jaa Ko Naam Baddaaee ||1||	They are blessed with the glorious greatness of the Naam, the Name of the Lord. ||1||	ਜਿਨ੍ਹਾਂ ਨੂੰ ਪਰਮਾਤਮਾ ਦਾ ਨਾਮ ਜਪਣ ਦੀ ਵਡਿਆਈ ਪ੍ਰਾਪਤ ਹੋ ਜਾਂਦੀ ਹੈ ॥੧॥

43028	1006	ਲਾਲੁ ਅਮੋਲਾ ਲਾਲੋ॥		Laal Amolaa Laalo ||	My Beloved is a priceless jewel.	ਪਰਮਾਤਮਾ ਦਾ ਨਾਮ ਇਕ ਐਸਾ ਲਾਲ ਹੈ ਜਿਹੜਾ ਕਿਸੇ (ਦੁਨੀਆਵੀ) ਕੀਮਤ ਤੋਂ ਨਹੀਂ ਮਿਲਦਾ,
43029	1006	ਅਗਹ ਅਤੋਲਾ ਨਾਮੋ॥੧॥ਰਹਾਉ॥		Ageh Atholaa Naamo ||1|| Rehaao ||	His Name is unattainable and immeasurable. ||1||Pause||	ਜਿਹੜਾ (ਆਸਾਨੀ ਨਾਲ) ਫੜਿਆ ਨਹੀਂ ਜਾ ਸਕਦਾ, ਜਿਸ ਦੇ ਬਰਾਬਰ ਦੀ ਹੋਰ ਕੋਈ ਚੀਜ਼ ਨਹੀਂ ॥੧॥ ਰਹਾਉ ॥
43030	1006	ਅਵਿਗਤ ਸਿਉ ਮਾਨਿਆ ਮਾਨੋ॥	ਅਵਿ-ਗਤ	Avigath Sio Maaniaa Maano ||	One whose mind is satisfied believing in the imperishable Lord God,	(ਜਿਨ੍ਹਾਂ ਨੂੰ ਨਾਮ-ਲਾਲ ਪ੍ਰਾਪਤ ਹੋ ਗਿਆ) ਅਦ੍ਰਿਸ਼ਟ ਪਰਮਾਤਮਾ ਨਾਲ ਉਹਨਾਂ ਦਾ ਮਨ ਪਤੀਜ ਗਿਆ,
43031	1006	ਗੁਰਮੁਖਿ ਤਤੁ ਗਿਆਨੋ॥		Guramukh Thath Giaano ||	Becomes Gurmukh and attains the essence of spiritual wisdom.	ਗੁਰੂ ਦੀ ਸਰਨ ਪੈ ਕੇ ਉਹਨਾਂ ਨੂੰ ਅਸਲੀ ਆਤਮਕ ਜੀਵਨ ਦੀ ਸੂਝ ਪ੍ਰਾਪਤ ਹੋ ਗਈ।
43032	1006	ਪੇਖਤ ਸਗਲ ਧਿਆਨੋ॥		Paekhath Sagal Dhhiaano ||	He sees all in his meditation.	ਸਾਰੇ ਜਗਤ ਨਾਲ ਮੇਲ-ਮਿਲਾਪ ਰੱਖਦਿਆਂ ਉਹਨਾਂ ਦੀ ਸੁਰਤ ਪ੍ਰਭੂ-ਚਰਨਾਂ ਵਿਚ ਰਹਿੰਦੀ ਹੈ,
43033	1006	ਤਜਿਓ ਮਨ ਤੇ ਅਭਿਮਾਨੋ॥੨॥		Thajiou Man Thae Abhimaano ||2||	He banishes egotistical pride from his mind. ||2||	ਉਹ ਆਪਣੇ ਮਨ ਤੋਂ ਅਹੰਕਾਰ ਦੂਰ ਕਰ ਲੈਂਦੇ ਹਨ ॥੨॥
43034	1006	ਨਿਹਚਲੁ ਤਿਨ ਕਾ ਠਾਣਾ॥		Nihachal Thin Kaa Thaanaa ||	Permanent is the place of those	(ਜਿਨ੍ਹਾਂ ਨੂੰ ਨਾਮ-ਲਾਲ ਮਿਲ ਗਿਆ) ਉਹਨਾਂ ਦਾ ਆਤਮਕ ਟਿਕਾਣਾ ਅਟੱਲ ਹੋ ਜਾਂਦਾ ਹੈ (ਉਹਨਾਂ ਦਾ ਮਨ ਮਾਇਆ ਵਲ ਡੋਲਣੋਂ ਹਟ ਜਾਂਦਾ ਹੈ),

43035	1006	ਗੁਰ ਤੇ ਮਹਲੁ ਪਛਾਣਾ॥		Gur Thae Mehal Pashhaanaa ||	Who, through the Guru, realize the Mansion of the Lord's Presence.	ਉਹ ਮਨੁੱਖ ਗੁਰੂ ਪਾਸੋਂ (ਸਿੱਖਿਆ ਲੈ ਕੇ) ਪ੍ਰਭੂ-ਚਰਨਾਂ ਨਾਲ ਡੂੰਘੀ ਸਾਂਝ ਪਾ ਲੈਂਦੇ ਹਨ।
43036	1006	ਅਨ ਦਿਨੁ ਗੁਰ ਮਿਲਿ ਜਾਗੇ ॥		Anadhin Gur Mil Jaagae ||	Meeting the Guru, they remain awake and aware night and day;	ਗੁਰੂ ਨੂੰ ਮਿਲ ਕੇ (ਗੁਰੂ ਦੀ ਸਰਨ ਪੈ ਕੇ) ਉਹ ਹਰ ਵੇਲੇ (ਮਾਇਆ ਦੇ ਹੱਲਿਆਂ ਵੱਲੋਂ) ਸੁਚੇਤ ਰਹਿੰਦੇ ਹਨ,
43037	1006	ਹਰਿ ਕੀ ਸੇਵਾ ਲਾਗੇ॥੩॥		Har Kee Saevaa Laagae ||3||	They are committed to the Lord's service. ||3||	ਤੇ, ਸਦਾ ਪਰਮਾਤਮਾ ਦੀ ਸੇਵਾ-ਭਗਤੀ ਵਿਚ ਲੱਗੇ ਰਹਿੰਦੇ ਹਨ ॥੩॥
43038	1006	ਪੂਰਨ ਤ੍ਰਿਪਤਿ ਅਘਾਏ॥		Pooran Thripath Aghaaeae ||	They are perfectly fulfilled and satisfied,	(ਜਿਨ੍ਹਾਂ ਨੂੰ ਨਾਮ-ਲਾਲ ਮਿਲ ਜਾਂਦਾ ਹੈ) ਉਹ ਮਾਇਆ ਦੀ ਤ੍ਰਿਸ਼ਨਾ ਵੱਲੋਂ ਪੂਰਨ ਤੌਰ ਤੇ ਰੱਜੇ ਰਹਿੰਦੇ ਹਨ,
43039	1006	ਸਹਜ ਸਮਾਧਿ ਸੁਭਾਏ॥		Sehaj Samaadhh Subhaaeae ||	Intuitively absorbed in Samaadhi.	ਉਹ ਪ੍ਰਭੂ ਦੇ ਪਿਆਰ ਵਿਚ ਟਿਕੇ ਰਹਿੰਦੇ ਹਨ, ਉਹਨਾਂ ਦੀ ਆਤਮਕ ਅਡੋਲਤਾ ਵਾਲੀ ਸਮਾਧੀ ਬਣੀ ਰਹਿੰਦੀ ਹੈ।
43040	1006	ਹਰਿ ਭੰਡਾਰੁ ਹਾਥਿ ਆਇਆ॥		Har Bhanddaar Haathh Aaeiaa ||	The Lord's treasure comes into their hands;	(ਕਿਉਂਕਿ) ਪਰਮਾਤਮਾ ਦਾ ਨਾਮ-ਖ਼ਜ਼ਾਨਾ ਉਹਨਾਂ ਦੇ ਹੱਥ ਆ ਜਾਂਦਾ ਹੈ।
43041	1006	ਨਾਨਕ ਗੁਰ ਤੇ ਪਾਇਆ॥੪॥੭॥੨੩॥		Naanak Gur Thae Paaeiaa ||4||7||23||	O Nanak, through the Guru, they attain it. ||4||7||23||	ਪਰ, ਹੇ ਨਾਨਕ! (ਇਹ ਖ਼ਜ਼ਾਨਾ) ਗੁਰੂ ਪਾਸੋਂ ਹੀ ਮਿਲਦਾ ਹੈ ॥੪॥੭॥੨੩॥
43042	1006	ਮਾਰੂ ਮਹਲਾ ੫ ਘਰੁ ੬ ਦੁਪਦੇ		Maaroo Mehalaa 5 Ghar 6 Dhupadhae	Maaroo, Fifth Mehl, Sixth House, Du-Padas:	ਰਾਗ ਮਾਰੂ, ਘਰ ੬ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।

43043	1006	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
43044	1006	ਛੋਡਿ ਸਗਲ ਸਿਆਣਪਾ ਮਿਲਿ ਸਾਧ ਤਿਆਗਿ ਗੁਮਾਨੁ॥		Shhodd Sagal Siaanapaa Mil Saadhh Thiaag Gumaan ||	Abandon all your clever tricks; meet with the Holy, and renounce your egotistical pride.	ਸਾਰੀਆਂ (ਢੋਕੀਆਂ) ਚਤੁਰਾਈਆਂ ਛੱਡ ਦੇਹ, ਗੁਰੂ ਨੂੰ ਮਿਲ ਕੇ (ਆਪਣੇ ਅੰਦਰੋਂ) ਅਹੰਕਾਰ ਦੂਰ ਕਰ।
43045	1006	ਅਵਰੁ ਸਭੁ ਕਿਛੁ ਮਿਥਿਆ ਰਸਨਾ ਰਾਮ ਰਾਮ ਵਖਾਨੁ॥੧॥		Avar Sabh Kishh Mithhiaa Rasanaa Raam Raam Vakhaan ||1||	Everything else is false; with your tongue, chant the Name of the Lord, Raam, Raam. ||1||	ਆਪਣੀ ਜੀਭ ਨਾਲ ਪਰਮਾਤਮਾ ਦਾ ਨਾਮ ਸਿਮਰਿਆ ਕਰ। (ਨਾਮ ਤੋਂ ਬਿਨਾ) ਹੋਰ ਸਭ ਕੁਝ ਨਾਸਵੰਤ ਹੈ ॥੧॥
43046	1006	ਮੇਰੇ ਮਨ ਕਰਨ ਸੁਣਿ ਹਰਿ ਨਾਮੁ॥		Maerae Man Karan Sun Har Naam ||	O my mind, with your ears, listen to the Name of the Lord.	ਹੇ ਮੇਰੇ ਮਨ! ਕੰਨਾਂ ਨਾਲ ਪਰਮਾਤਮਾ ਦਾ ਨਾਮ ਸੁਣਿਆ ਕਰ।
43047	1006	ਮਿਟਹਿ ਅਘ ਤੇਰੇ ਜਨਮ ਜਨਮ ਕੇ ਕਵਨੁ ਬਪੁਰੋ ਜਾਮੁ॥੧॥ਰਹਾਉ॥		Mittehi Agh Thaerae Janam Janam Kae Kavan Bapuro Jaam ||1|| Rehaao ||	The sins of your many past lifetimes shall be washed away; then, what can the wretched Messenger of Death do to you? ||1||Pause||	(ਨਾਮ ਦੀ ਬਰਕਤਿ ਨਾਲ) ਤੇਰੇ ਅਨੇਕਾਂ ਜਨਮਾਂ ਦੇ (ਕੀਤੇ ਹੋਏ) ਪਾਪ ਮਿਟ ਜਾਣਗੇ। ਵਿਚਾਰਾ ਜਮ ਭੀ ਕੌਣ ਹੈ (ਜੋ ਤੈਨੂੰ ਡਰਾ ਸਕੇ)? ॥੧॥ ਰਹਾਉ ॥

43048	1006	ਦੂਖ ਦੀਨ ਨ ਭਉ ਬਿਆਪੈ ਮਿਲੈ ਸੁਖ ਬਿਸ੍ਰਾਮੁ॥		Dhookh Dheen N Bho Biaapai Milai Sukh Bisraam ||	Pain, poverty and fear shall not afflict you, and you shall find peace and pleasure.	ਨਾਨਕ ਆਖਦਾ ਹੈ (ਜਿਹੜਾ ਮਨੁੱਖ ਨਾਮ ਸਿਮਰਦਾ ਹੈ ਉਸ ਉੱਤੇ ਦੁਨੀਆ ਦੇ) ਦੁੱਖ, ਮੁਥਾਜੀ, (ਹਰੇਕ ਕਿਸਮ ਦਾ) ਡਰ-(ਇਹਨਾਂ ਵਿਚੋਂ ਕੋਈ ਭੀ) ਆਪਣਾ ਜ਼ੋਰ ਨਹੀਂ ਪਾ ਸਕਦਾ।
43049	1006	ਗੁਰ ਪ੍ਰਸਾਦਿ ਨਾਨਕੁ ਬਖਾਨੈ ਹਰਿ ਭਜਨੁ ਤਤੁ ਗਿਆਨੁ॥੨॥੧॥੨੪॥		Gur Prasaadh Naanak Bakhaanai Har Bhajan Thath Giaan ||2||1||24||	By Guru's Grace, Nanak speaks; meditation on the Lord is the essence of spiritual wisdom. ||2||1||24||	ਪਰਮਾਤਮਾ ਦਾ ਭਜਨ ਕਰਨਾ ਹੀ ਅਸਲ ਆਤਮਕ ਜੀਵਨ ਦੀ ਸੂਝ ਹੈ (ਪਰ ਇਹ ਨਾਮ) ਗੁਰੂ ਦੀ ਕਿਰਪਾ ਨਾਲ (ਹੀ ਮਿਲਦਾ ਹੈ) ॥੨॥੧॥੨੪॥
43050	1006	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
43051	1006	ਜਿਨੀ ਨਾਮੁ ਵਿਸਾਰਿਆ ਸੇ ਹੋਤ ਦੇਖੇ ਖੇਹ॥		Jinee Naam Visaariaa Sae Hoth Dhaekhae Khaeh ||	Those who have forgotten the Naam, the Name of the Lord - I have seen them reduced to dust.	(ਹੇ ਮੇਰੇ ਮਨ!) ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਭੁਲਾ ਦਿੱਤਾ, ਉਹ (ਵਿਕਾਰਾਂ ਦੀ ਅੱਗ ਦੇ ਸਮੁੰਦਰ ਵਿਚ ਸੜ ਕੇ) ਸੁਆਹ ਹੁੰਦੇ ਵੇਖੇ ਜਾਂਦੇ ਹਨ।
43052	1006	ਪੁਤ੍ਰ ਮਿਤ੍ਰ ਬਿਲਾਸ ਬਨਿਤਾ ਤੂਟਤੇ ਏ ਨੇਹ॥੧॥		Puthr Mithr Bilaas Banithaa Thoottathae Eae Naeh ||1||	The love of children and friends, and the pleasures of married life are torn apart. ||1||	ਪੁੱਤਰ, ਮਿੱਤਰ, ਇਸਤ੍ਰੀ (ਆਦਿਕ ਸਨਬੰਧੀ ਜਿਨ੍ਹਾਂ ਨਾਲ ਮਨੁੱਖ ਦੁਨੀਆ ਦੀਆਂ) ਰੰਗ-ਰਲੀਆਂ (ਮਾਣਦਾ ਹੈ)-ਇਹ ਸਾਰੇ ਪਿਆਰ (ਆਖ਼ਿਰ) ਟੁੱਟ ਜਾਂਦੇ ਹਨ ॥੧॥

43053	1006	ਮੇਰੇ ਮਨ ਨਾਮੁ ਨਿਤ ਨਿਤ ਲੇਹ॥		Maerae Man Naam Nith Nith Laeh ||	O my mind, continually, continuously chant the Naam, the Name of the Lord.	ਹੇ ਮੇਰੇ ਮਨ! ਸਦਾ ਹੀ ਪਰਮਾਤਮਾ ਦਾ ਨਾਮ ਜਪਿਆ ਕਰ।
43054	1006	ਜਲਤ ਨਾਹੀ ਅਗਨਿ ਸਾਗਰ ਸੂਖੁ ਮਨਿ ਤਨਿ ਦੇਹ॥੧॥ਰਹਾਉ॥		Jalath Naahee Agan Saagar Sookh Man Than Dhaeh ||1|| Rehaao ||	You shall not burn in the ocean of fire, and your mind and body shall be blessed with peace. ||1||Pause||	(ਜਿਹੜਾ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਹੈ ਉਹ ਤ੍ਰਿਸ਼ਨਾ ਦੀ) ਅੱਗ ਦੇ ਸਮੁੰਦਰਾਂ ਵਿਚ ਸੜਦਾ ਨਹੀਂ, ਉਸ ਦੇ ਮਨ ਵਿਚ ਤਨ ਵਿਚ ਦੇਹੀ ਵਿਚ ਸੁਖ-ਆਨੰਦ ਬਣਿਆ ਰਹਿੰਦਾ ਹੈ ॥੧॥ ਰਹਾਉ ॥
43055	1006	ਬਿਰਖ ਛਾਇਆ ਜੈਸੇ ਬਿਨਸਤ ਪਵਨ ਝੂਲਤ ਮੇਹ॥		Birakh Shhaaeiaa Jaisae Binasath Pavan Jhoolath Maeh ||	Like the shade of a tree, these things shall pass away, like the clouds blown away by the wind.	ਹੇ ਨਾਨਕ! ਜਿਵੇਂ ਰੁੱਖ ਦੀ ਛਾਂ ਨਾਸ ਹੋ ਜਾਂਦੀ ਹੈ, (ਛੇਤੀ ਬਦਲਦੀ ਜਾਂਦੀ ਹੈ) ਜਿਵੇਂ ਹਵਾ ਬੱਦਲਾਂ ਨੂੰ ਉਡਾ ਕੇ ਲੈ ਜਾਂਦੀ ਹੈ (ਤੇ ਉਹਨਾਂ ਦੀ ਛਾਂ ਮੁੱਕ ਜਾਂਦੀ ਹੈ ਇਸੇ ਤਰ੍ਹਾਂ ਦੁਨੀਆ ਦੇ ਬਿਲਾਸ ਨਾਸਵੰਤ ਹਨ)।
43056	1006	ਹਰਿ ਭਗਤਿ ਦ੍ਰਿੜੁ ਮਿਲੁ ਸਾਧ ਨਾਨਕ ਤੇਰੈ ਕਾਮਿ ਆਵਤ ਏਹ॥੨॥੨॥੨੫॥		Har Bhagath Dhrirr Mil Saadhh Naanak Thaerai Kaam Aavath Eaeh ||2||2||25||	Meeting with the Holy, devotional worship to the Lord is implanted within; O Nanak, only this shall work for you. ||2||2||25||	ਗੁਰੂ ਨੂੰ ਮਿਲ ਅਤੇ ਆਪਣੇ ਹਿਰਦੇ ਵਿਚ ਪਰਮਾਤਮਾ ਦੀ ਭਗਤੀ ਪੱਕੀ ਕਰ। ਇਹੀ ਤੇਰੇ ਕੰਮ ਆਉਣ ਵਾਲੀ ਹੈ ॥੨॥੨॥੨੫॥

43057	1006	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
43058	1006	ਪੁਰਖੁ ਪੂਰਨ ਸੁਖਹ ਦਾਤਾ ਸੰਗਿ ਬਸਤੋ ਨੀਤ॥		Purakh Pooran Sukheh Dhaathaa Sang Basatho Neeth ||	The perfect, primal Lord is the Giver of peace; He is always with you.	ਹੇ ਮੇਰੇ ਮਨ! ਉਹ ਸਰਬ-ਵਿਆਪਕ ਪਰਮਾਤਮਾ ਸਾਰੇ ਸੁਖ ਦੇਣ ਵਾਲਾ ਹੈ, ਅਤੇ ਸਦਾ ਹੀ (ਹਰੇਕ ਦੇ) ਨਾਲ ਵੱਸਦਾ ਹੈ।
43059	1006	ਮਰੈ ਨ ਆਵੈ ਨ ਜਾਇ ਬਿਨਸੈ ਬਿਆਪਤ ਉਸਨ ਨ ਸੀਤ॥੧॥		Marai N Aavai N Jaae Binasai Biaapath Ousan N Seeth ||1||	He does not die, and he does not come or go in reincarnation. He does not perish, and He is not affected by heat or cold. ||1||	ਉਹ ਨਾਹ ਜੰਮਦਾ ਹੈ ਨਾਹ ਮਰਦਾ ਹੈ, ਉਹ ਨਾਸ-ਰਹਿਤ ਹੈ। ਨਾਹ ਖ਼ੁਸ਼ੀ ਨਾਹ ਗ਼ਮੀ-ਕੋਈ ਭੀ ਉਸ ਉਤੇ ਆਪਣਾ ਜ਼ੋਰ ਨਹੀਂ ਪਾ ਸਕਦੀ ॥੧॥
43060	1006	ਮੇਰੇ ਮਨ ਨਾਮ ਸਿਉ ਕਰਿ ਪ੍ਰੀਤਿ॥		Maerae Man Naam Sio Kar Preeth ||	O my mind, be in love with the Naam, the Name of the Lord.	ਹੇ ਮੇਰੇ ਮਨ! ਪਰਮਾਤਮਾ ਦੇ ਨਾਮ ਨਾਲ ਪਿਆਰ ਪਾਈ ਰੱਖ।
43061	1006	ਚੇਤਿ ਮਨ ਮਹਿ ਹਰਿ ਹਰਿ ਨਿਧਾਨਾ ਏਹ ਨਿਰਮਲ ਰੀਤਿ॥੧॥ਰਹਾਉ॥		Chaeth Man Mehi Har Har Nidhhaanaa Eaeh Niramal Reeth ||1|| Rehaao ||	Within the mind, think of the Lord, Har, Har, the treasure. This is the purest way of life. ||1||Pause||	ਜਿਹੜਾ ਪ੍ਰਭੂ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ ਉਸ ਨੂੰ ਆਪਣੇ ਮਨ ਵਿਚ ਯਾਦ ਕਰਿਆ ਕਰ। ਜ਼ਿੰਦਗੀ ਨੂੰ ਪਵਿੱਤਰ ਰੱਖਣ ਦਾ ਇਹੀ ਤਰੀਕਾ ਹੈ ॥੧॥ ਰਹਾਉ ॥

43062	1006	ਕ੍ਰਿਪਾਲ ਦਇਆਲ ਗੋਪਾਲ ਗੋਬਿਦ ਜੋ ਜਪੈ ਤਿਸੁ ਸੀਧਿ॥		Kirapaal Dhaeiaal Gopaal Gobidh Jo Japai This Seedhh ||	Whoever meditates on the merciful compassionate Lord, the Lord of the Universe, is successful.	ਪਰਮਾਤਮਾ ਕਿਰਪਾ ਦਾ ਘਰ ਹੈ ਦਇਆ ਦਾ ਸੋਮਾ ਹੈ, ਸ੍ਰਿਸ਼ਟੀ ਦਾ ਪਾਲਣ ਵਾਲਾ ਗੋਬਿੰਦ ਹੈ। ਜਿਹੜਾ ਮਨੁੱਖ (ਉਸ ਦਾ ਨਾਮ) ਜਪਦਾ ਹੈ ਉਸ ਨੂੰ ਜ਼ਿੰਦਗੀ ਵਿਚ ਕਾਮਯਾਬੀ ਪ੍ਰਾਪਤ ਹੋ ਜਾਂਦੀ ਹੈ।
43063	1006	ਨਵਲ ਨਵਤਨ ਚਤੁਰ ਸੁੰਦਰ ਮਨੁ ਨਾਨਕ ਤਿਸੁ ਸੰਗਿ ਬੀਧਿ॥੨॥੩॥੨੬॥	(ਨਵਲ) ਨਹੀਂ ਹੈ ਵਲ਼ ਫ਼ਰੇਵ ਜਿਨ੍ਹਾਂ ਚ	Naval Navathan Chathur Sundhar Man Naanak This Sang Beedhh ||2||3||26||	He is always new, fresh and young, clever and beautiful; Nanak's mind is pierced through with His Love. ||2||3||26||	ਹੇ ਨਾਨਕ! ਪਰਮਾਤਮਾ ਹਰ ਵੇਲੇ ਨਵਾਂ ਹੈ (ਪਰਮਾਤਮਾ ਦਾ ਪਿਆਰ ਹਰ ਵੇਲੇ ਨਵਾਂ ਹੈ), ਪਰਮਾਤਮਾ ਸਿਆਣਾ ਹੈ ਸੋਹਣਾ ਹੈ। ਉਸ ਨਾਲ (ਉਸ ਦੇ ਚਰਨਾਂ ਵਿਚ) ਆਪਣਾ ਮਨ ਪ੍ਰੋਈ ਰੱਖ ॥੨॥੩॥੨੬॥
43064	1006	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
43065	1006	ਚਲਤ ਬੈਸਤ ਸੋਵਤ ਜਾਗਤ ਗੁਰ ਮੰਤ੍ਰੁ ਰਿਦੈ ਚਿਤਾਰਿ॥		Chalath Baisath Sovath Jaagath Gur Manthra Ridhai Chithaar ||	While walking and sitting, sleeping and waking, contemplate within your heart the GurMantra.	ਤੁਰਦਿਆਂ ਫਿਰਦਿਆਂ, ਬੈਠਦਿਆਂ, ਸੁੱਤੇ ਪਿਆਂ, ਜਾਗਦਿਆਂ-ਹਰ ਵੇਲੇ ਗੁਰੂ ਦਾ ਉਪਦੇਸ਼ ਹਿਰਦੇ ਵਿਚ ਚੇਤੇ ਰੱਖ।

43066	1006	ਚਰਣ ਸਰਣ ਭਜੁ ਸੰਗਿ ਸਾਧੂ ਭਵ ਸਾਗਰ ਉਤਰਹਿ ਪਾਰਿ॥੧॥	ਉੱਤਰ-ਹਿ,ਭਜੁ: ਪੋਲਾ ਬੋਲੋ	Charan Saran Bhaj Sang Saadhhoo Bhav Saagar Outharehi Paar ||1||	Run to the Lord's lotus feet, and join the Saadh Sangat, the Company of the Holy. Cross over the terrifying world-ocean, and reach the other side. ||1||	ਗੁਰੂ ਦੀ ਸੰਗਤ ਵਿਚ ਰਹਿ ਕੇ (ਪਰਮਾਤਮਾ ਦੇ) ਚਰਨਾਂ ਦਾ ਆਸਰਾ ਲੈ, (ਇਸ ਤਰ੍ਹਾਂ) ਤੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਹਿਂਗਾ ॥੧॥
43067	1007	ਮੇਰੇ ਮਨ ਨਾਮੁ ਹਿਰਦੈ ਧਾਰਿ॥		Maerae Man Naam Hiradhai Dhhaar ||	O my mind, enshrine the Naam, the Name of the Lord, within your heart.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਹਿਰਦੇ ਵਿਚ ਟਿਕਾਈ ਰੱਖ।
43068	1007	ਕਰਿ ਪ੍ਰੀਤਿ ਮਨੁ ਤਨੁ ਲਾਇ ਹਰਿ ਸਿਉ ਅਵਰ ਸਗਲ ਵਿਸਾਰਿ॥੧॥ਰਹਾਉ ॥		Kar Preeth Man Than Laae Har Sio Avar Sagal Visaar ||1|| Rehaao ||	Love the Lord, and commit your mind and body to Him; forget everything else. ||1||Pause||	ਮਨ ਲਾ ਕੇ ਤਨ ਲਾ ਕੇ (ਤਨੋਂ ਮਨੋਂ) ਹੋਰ ਸਾਰੇ (ਚਿੰਤਾ-ਫ਼ਿਕਰ) ਭੁਲਾ ਕੇ ਪਰਮਾਤਮਾ ਨਾਲ ਪਿਆਰ ਬਣਾਈ ਰੱਖ ॥੧॥ ਰਹਾਉ ॥
43069	1007	ਜੀਉ ਮਨੁ ਤਨੁ ਪ੍ਰਾਣ ਪ੍ਰਭ ਕੇ ਤੂ ਆਪਨ ਆਪੁ ਨਿਵਾਰਿ॥		Jeeo Man Than Praan Prabh Kae Thoo Aapan Aap Nivaar ||	Soul, mind, body and breath of life belong to God; eliminate your self-conceit.	ਹੇ ਨਾਨਕ! ਇਹ ਜਿੰਦ, ਇਹ ਮਨ, ਇਹ ਸਰੀਰ, ਇਹ ਪ੍ਰਾਣ-(ਸਭ ਕੁਝ) ਪਰਮਾਤਮਾ ਦੇ ਹੀ ਦਿੱਤੇ ਹੋਏ ਹਨ (ਤੂੰ ਮਾਣ ਕਿਸ ਗੱਲ ਦਾ ਕਰਦਾ ਹੈਂ?) ਆਪਾ-ਭਾਵ ਦੂਰ ਕਰ।

43070	1007	ਗੋਵਿਦ ਭਜੁ ਸਭਿ ਸੁਆਰਥ ਪੂਰੇ ਨਾਨਕ ਕਬਹੁ ਨ ਹਾਰਿ॥੨॥੪॥੨੭॥		Govidh Bhaj Sabh Suaarathh Poorae Naanak Kabahu N Haar ||2||4||27||	Meditate, vibrate on the Lord of the Universe, and all your desires shall be fulfilled; O Nanak, you shall never be defeated. ||2||4||27||	ਗੋਬਿੰਦ ਦਾ ਭਜਨ ਕਰਿਆ ਕਰ, ਤੇਰੀਆਂ ਸਾਰੀਆਂ ਲੋੜਾਂ ਭੀ ਪੂਰੀਆਂ ਹੋਣਗੀਆਂ, ਤੇ, (ਮਨੁੱਖਾ ਜਨਮ ਦੀ ਬਾਜ਼ੀ ਭੀ) ਕਦੇ ਨਹੀਂ ਹਾਰੇਂਗਾ ॥੨॥੪॥੨੭॥
43071	1007	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
43072	1007	ਤਜਿ ਆਪੁ ਬਿਨਸੀ ਤਾਪੁ ਰੇਣ ਸਾਧੂ ਥੀਉ॥		Thaj Aap Binasee Thaap Raen Saadhhoo Thheeo ||	Renounce your self-conceit, and the fever shall depart; become the dust of the feet of the Holy.	ਹੇ ਮੇਰੇ ਮਨ! ਆਪਾ-ਭਾਵ ਛੱਡ ਦੇਹ, ਗੁਰੂ ਦੀ ਚਰਨ-ਧੂੜ ਬਣ ਜਾ, ਤੇਰਾ ਸਾਰਾ ਦੁੱਖ-ਕਲੇਸ਼ ਦੂਰ ਹੋ ਜਾਇਗਾ।
43073	1007	ਤਿਸਹਿ ਪਰਾਪਤਿ ਨਾਮੁ ਤੇਰਾ ਕਰਿ ਕ੍ਰਿਪਾ ਜਿਸੁ ਦੀਉ॥੧॥		Thisehi Paraapath Naam Thaeraa Kar Kirapaa Jis Dheeo ||1||	He alone receives Your Name, Lord, whom You bless with Your Mercy. ||1||	ਹੇ ਪ੍ਰਭੂ! ਤੇਰਾ ਨਾਮ ਉਸੇ ਮਨੁੱਖ ਨੂੰ ਮਿਲਦਾ ਹੈ, ਜਿਸ ਨੂੰ ਤੂੰ ਆਪ ਮਿਹਰ ਕਰ ਕੇ ਦੇਂਦਾ ਹੈਂ ॥੧॥
43074	1007	ਮੇਰੇ ਮਨ ਨਾਮੁ ਅੰਮ੍ਰਿਤੁ ਪੀਉ॥		Maerae Man Naam Anmrith Peeo ||	O my mind, drink in the Ambrosial Nectar of the Naam, the Name of the Lord.	ਹੇ ਮੇਰੇ ਮਨ! ਆਤਮਕ ਜੀਵਨ ਦੇ ਵਾਲਾ ਹਰਿ-ਨਾਮ-ਜਲ ਪੀਆ ਕਰ।

43075	1007	ਆਨ ਸਾਦ ਬਿਸਾਰਿ ਹੋਛੇ ਅਮਰੁ ਜੁਗੁ ਜੁਗੁ ਜੀਉ॥੧॥ਰਹਾਉ॥		Aan Saadh Bisaar Hoshhae Amar Jug Jug Jeeo ||1|| Rehaao ||	Abandon other bland, insipid tastes; become immortal, and live throughout the ages. ||1||Pause||	(ਨਾਮ ਦੀ ਬਰਕਤਿ ਨਾਲ) ਹੋਰ ਸਾਰੇ (ਮਾਇਕ ਪਦਾਰਥਾਂ ਦੇ) ਨਾਸਵੰਤ ਚਸਕੇ ਭੁਲਾ ਕੇ ਸਦਾ ਲਈ ਅਟੱਲ ਆਤਮਕ ਜੀਵਨ ਵਾਲੀ ਜ਼ਿੰਦਗੀ ਗੁਜ਼ਾਰ ॥੧॥ ਰਹਾਉ ॥
43076	1007	ਨਾਮੁ ਇਕ ਰਸ ਰੰਗ ਨਾਮਾ ਨਾਮਿ ਲਾਗੀ ਲੀਉ॥		Naam Eik Ras Rang Naamaa Naam Laagee Leeo ||	Savor the essence of the One and only Naam; love the Naam, focus and attune yourself to the Naam.	ਪਰਮਾਤਮਾ ਦਾ ਨਾਮ ਹੀ ਉਸ ਦੇ ਵਾਸਤੇ (ਮਾਇਕ ਪਦਾਰਥਾਂ ਦੇ ਸੁਆਦ ਹਨ), ਨਾਮ ਹੀ ਉਸ ਲਈ ਦੁਨੀਆ ਦੇ ਰੰਗ-ਤਮਾਸ਼ੇ ਹਨ,
43077	1007	ਮੀਤੁ ਸਾਜਨੁ ਸਖਾ ਬੰਧਪੁ ਹਰਿ ਏਕੁ ਨਾਨਕ ਕੀਉ॥੨॥੫॥੨੮॥		Meeth Saajan Sakhaa Bandhhap Har Eaek Naanak Keeo ||2||5||28||	Nanak has made the One Lord his only friend, companion and relative. ||2||5||28||	ਹੇ ਨਾਨਕ! ਜਿਸ ਮਨੁੱਖ ਨੇ ਇੱਕ ਪਰਮਾਤਮਾ ਨੂੰ ਹੀ ਆਪਣਾ ਸੱਜਣ ਮਿੱਤਰ ਤੇ ਸਨਬੰਧੀ ਬਣਾ ਲਿਆ। ਉਸ ਦੀ ਲਿਵ ਸਦਾ ਪਰਮਾਤਮਾ ਦੇ ਨਾਮ ਵਿਚ ਲੱਗੀ ਰਹਿੰਦੀ ਹੈ ॥੨॥੫॥੨੮॥
43078	1007	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
43079	1007	ਪ੍ਰਤਿਪਾਲਿ ਮਾਤਾ ਉਦਰਿ ਰਾਖੈ ਲਗਨਿ ਦੇਤ ਨ ਸੇਕ॥	ਲੱਗਨਿ	Prathipaal Maathaa Oudhar Raakhai Lagan Dhaeth N Saek ||	He nourishes and preserves mortals in the womb of the mother, so that the fiery heat does not hurt them.	ਹੇ ਮਨ! ਪਾਲਣਾ ਕਰ ਕੇ ਪ੍ਰਭੂ ਮਾਂ ਦੇ ਪੇਟ ਵਿਚ ਬਚਾਂਦਾ ਹੈ, (ਪੇਟ ਦੀ ਅੱਗ ਦਾ) ਸੇਕ ਲੱਗਣ ਨਹੀਂ ਦੇਂਦਾ।

43080	1007	ਸੋਈ ਸੁਆਮੀ ਈਹਾ ਰਾਖੈ ਬੂਝੁ ਬੁਧਿ ਬਿਬੇਕ॥੧॥		Soee Suaamee Eehaa Raakhai Boojh Budhh Bibaek ||1||	That Lord and Master protects us here. Understand this in your mind. ||1||	ਉਹੀ ਮਾਲਕ ਇਸ ਜਗਤ ਵਿਚ ਭੀ ਰੱਖਿਆ ਕਰਦਾ ਹੈ। ਪਰਖ ਦੀ ਬੁੱਧੀ ਨਾਲ ਇਹ (ਸੱਚਾਈ) ਸਮਝ ਲੈ ॥੧॥
43081	1007	ਮੇਰੇ ਮਨ ਨਾਮ ਕੀ ਕਰਿ ਟੇਕ॥		Maerae Man Naam Kee Kar Ttaek ||	O my mind, take the Support of the Naam, the Name of the Lord.	ਹੇ ਮੇਰੇ ਮਨ! (ਸਦਾ) ਪਰਮਾਤਮਾ ਦੇ ਨਾਮ ਦਾ ਆਸਰਾ ਲੈ।
43082	1007	ਤਿਸਹਿ ਬੂਝੁ ਜਿਨਿ ਤੂ ਕੀਆ ਪ੍ਰਭੁ ਕਰਣ ਕਾਰਣ ਏਕ॥੧॥ਰਹਾਉ॥		Thisehi Boojh Jin Thoo Keeaa Prabh Karan Kaaran Eaek ||1|| Rehaao ||	Understand the One who created you; the One God is the Cause of causes. ||1||Pause||	ਉਸ ਪਰਮਾਤਮਾ ਨੂੰ ਹੀ (ਸਹਾਰਾ) ਸਮਝ, ਜਿਸ ਨੇ ਤੈਨੂੰ ਪੈਦਾ ਕੀਤਾ ਹੈ। ਹੇ ਮਨ! ਇਕ ਪ੍ਰਭੂ ਹੀ ਸਾਰੇ ਜਗਤ ਦਾ ਮੂਲ ਹੈ ॥੧॥ ਰਹਾਉ ॥
43083	1007	ਚੇਤਿ ਮਨ ਮਹਿ ਤਜਿ ਸਿਆਣਪ ਛੋਡਿ ਸਗਲੇ ਭੇਖ॥		Chaeth Man Mehi Thaj Siaanap Shhodd Sagalae Bhaekh ||	Remember the One Lord in your mind, renounce your clever tricks, and give up all your religious robes.	ਚਤੁਰਾਈਆਂ ਛੱਡ ਕੇ (ਵਿਖਾਵੇ ਦੇ) ਸਾਰੇ (ਧਾਰਮਿਕ) ਪਹਿਰਾਵੇ ਛੱਡ ਕੇ ਆਪਣੇ ਮਨ ਵਿਚ ਪਰਮਾਤਮਾ ਨੂੰ ਯਾਦ ਕਰਦਾ ਰਹੁ।
43084	1007	ਸਿਮਰਿ ਹਰਿ ਹਰਿ ਸਦਾ ਨਾਨਕ ਤਰੇ ਕਈ ਅਨੇਕ॥੨॥੬॥੨੯॥		Simar Har Har Sadhaa Naanak Tharae Kee Anaek ||2||6||29||	Meditating in remembrance forever on the Lord, Har, Har, O Nanak, countless beings have been saved. ||2||6||29||	ਹੇ ਨਾਨਕ! ਪਰਮਾਤਮਾ ਦਾ ਸਦਾ ਸਿਮਰਨ ਕਰ ਕੇ ਅਨੇਕਾਂ ਜੀਵ ਸੰਸਾਰ-ਸਮੁੰਦਰ ਤੋਂ ਪਾਰ ਲੰਘਦੇ ਆ ਰਹੇ ਹਨ ॥੨॥੬॥੨੯॥
43085	1007	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	

43086	1007	ਪਤਿਤ ਪਾਵਨ ਨਾਮੁ ਜਾ ਕੋ ਅਨਾਥ ਕੋ ਹੈ ਨਾਥੁ॥		Pathith Paavan Naam Jaa Ko Anaathh Ko Hai Naathh ||	His Name is the Purifier of sinners; He is the Master of the masterless.	ਜਿਸ ਪਰਮਾਤਮਾ ਦਾ ਨਾਮ ਪਾਪੀਆਂ ਨੂੰ ਪਵਿੱਤਰ ਕਰਨ-ਜੋਗ ਹੈ, ਜਿਹੜਾ ਨਿਖਸਮਿਆਂ ਦਾ ਖਸਮ ਹੈ,
43087	1007	ਮਹਾ ਭਉਜਲ ਮਾਹਿ ਤੁਲਹੋ ਜਾ ਕੋ ਲਿਖਿਓ ਮਾਥ॥੧॥		Mehaa Bhoujal Maahi Thuleho Jaa Ko Likhiou Maathh ||1||	In the vast and terrifying world-ocean, he is the raft for those who have such destiny inscribed on their foreheads. ||1||	ਉਹ ਪਰਮਾਤਮਾ ਇਸ ਭਿਆਨਕ ਸੰਸਾਰ-ਸਮੁੰਦਰ ਵਿਚ (ਜੀਵਾਂ ਵਾਸਤੇ) ਜਹਾਜ਼ ਹੈ। (ਪਰ ਇਹ ਉਸੇ ਨੂੰ ਮਿਲਦਾ ਹੈ) ਜਿਸ ਦੇ ਮੱਥੇ ਉਤੇ (ਮਿਲਾਪ ਦਾ ਲੇਖ) ਲਿਖਿਆ ਹੁੰਦਾ ਹੈ ॥੧॥
43088	1007	ਡੂਬੇ ਨਾਮ ਬਿਨੁ ਘਨ ਸਾਥ॥		Ddoobae Naam Bin Ghan Saathh ||	Without the Naam, the Name of the Lord, huge numbers of companions have drowned.	ਉਸ ਦੇ ਨਾਮ ਤੋਂ ਬਿਨਾ ਪੂਰਾਂ ਦੇ ਪੂਰ (ਇਸ ਸੰਸਾਰ-ਸਮੁੰਦਰ ਵਿਚ) ਡੁੱਬ ਰਹੇ ਹਨ,
43089	1007	ਕਰਣ ਕਾਰਣੁ ਚਿਤਿ ਨ ਆਵੈ ਦੇ ਕਰਿ ਰਾਖੈ ਹਾਥ॥੧॥ਰਹਾਉ॥		Karan Kaaran Chith N Aavai Dhae Kar Raakhai Haathh ||1|| Rehaao ||	Even if someone does not remember the Lord, the Cause of causes, still, the Lord reaches out with His hand, and saves him. ||1||Pause||	(ਕਿਉਂਕਿ) ਜਗਤ ਦਾ ਮੂਲ ਪਰਮਾਤਮਾ (ਉਹਨਾਂ ਦੇ) ਚਿੱਤ ਵਿਚ ਨਹੀਂ ਵੱਸਦਾ, ਜਿਹੜਾ ਪਰਮਾਤਮਾ (ਜੀਵਾਂ ਨੂੰ) ਹੱਥ ਦੇ ਕੇ ਬਚਾਂਦਾ ਹੈ ॥੧॥ ਰਹਾਉ ॥

43090	1007	ਸਾਧਸੰਗਤਿ ਗੁਣ ਉਚਾਰਣ ਹਰਿ ਨਾਮ ਅੰਮ੍ਰਿਤ ਪਾਥ॥		Saadhhasangath Gun Ouchaaran Har Naam Anmrith Paathh ||	In the Saadh Sangat, the Company of the Holy, chant the Glorious Praises of the Lord, and take the Path of the Ambrosial Name of the Lord.	ਸਾਧ ਸੰਗਤ ਵਿਚ (ਟਿਕ ਕੇ) ਪਰਮਾਤਮਾ ਦਾ ਨਾਮ ਪਰਮਾਤਮਾ ਦੇ ਗੁਣ ਉੱਚਾਰਦੇ ਰਹਿਣਾ-ਇਹੀ ਹੈ ਆਤਮਕ ਜੀਵਨ ਦੇਣ ਵਾਲਾ ਰਸਤਾ।
43091	1007	ਕਰਹੁ ਕ੍ਰਿਪਾ ਮੁਰਾਰਿ ਮਾਧਉ ਸੁਣਿ ਨਾਨਕ ਜੀਵੈ ਗਾਥ॥੨॥੭॥੩੦॥		Karahu Kirapaa Muraar Maadhho Sun Naanak Jeevai Gaathh ||2||7||30||	Shower me with Your Mercy, O Lord; listening to Your sermon, Nanak lives. ||2||7||30||	ਹੇ ਨਾਨਕ! ਹੇ ਮੁਰਾਰੀ! ਹੇ ਮਾਧੋ! ਮਿਹਰ ਕਰ (ਤਾ ਕਿ ਤੇਰਾ ਦਾਸ ਤੇਰੀ) ਸਿਫ਼ਤ-ਸਾਲਾਹ ਸੁਣ ਕੇ ਆਤਮਕ ਜੀਵਨ ਹਾਸਲ ਕਰਦਾ ਰਹੇ ॥੨॥੭॥੩੦॥
43092	1007	ਮਾਰੂ ਅੰਜੁਲੀ ਮਹਲਾ ੫ ਘਰੁ ੭		Maaroo Anjulee Mehalaa 5 Ghar 7	Maaroo, Anjulee ~ With Hands Cupped In Prayer, Fifth Mehl, Seventh House:	ਰਾਗ ਮਾਰੂ, ਘਰ ੭ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਅੰਜੁਲੀ'।
43093	1007	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
43094	1007	ਸੰਜੋਗੁ ਵਿਜੋਗੁ ਧੁਰਹੁ ਹੀ ਹੂਆ॥		Sanjog Vijog Dhhurahu Hee Hooaa ||	Union and separation are ordained by the Primal Lord God.	ਹੇ ਭਾਈ! (ਜਿੰਦ ਤੇ ਸਰੀਰ ਦਾ) ਮਿਲਾਪ ਅਤੇ ਵਿਛੋੜਾ ਪਰਮਾਤਮਾ ਦੀ ਰਜ਼ਾ ਅਨੁਸਾਰ ਹੀ ਹੁੰਦਾ ਹੈ।

43095	1007	ਪੰਚ ਧਾਤੁ ਕਰਿ ਪੁਤਲਾ ਕੀਆ॥	ਪੁਤਲਾ: ਪੋਲਾ ਬੋਲੋ	Panch Dhhaath Kar Puthalaa Keeaa ||	The puppet is made from the five elements.	(ਪਰਮਾਤਮਾ ਦੇ ਹੁਕਮ ਵਿਚ ਹੀ) ਪੰਜ ਤੱਤ (ਇਕੱਠੇ) ਕਰ ਕੇ ਸਰੀਰ ਬਣਾਇਆ ਜਾਂਦਾ ਹੈ।
43096	1007	ਸਾਹੈ ਕੈ ਫੁਰਮਾਇਅੜੈ ਜੀ ਦੇਹੀ ਵਿਚਿ ਜੀਉ ਆਇ ਪਇਆ॥੧॥	(ਸਾਹੈ) ਪਾਤਿਸ਼ਾਹ ਪ੍ਰਮੇਸ਼ਰਜੀ। ਕੈਦੇ। ਫੁਰਮਾਇ-ਅੜੈ	Saahai Kai Furamaaeiarrai Jee Dhaehee Vich Jeeo Aae Paeiaa ||1||	By the Command of the Dear Lord King, the soul came and entered into the body. ||1||	ਪ੍ਰਭੂ-ਪਾਤਿਸ਼ਾਹ ਦੇ ਹੁਕਮ ਅਨੁਸਾਰ ਹੀ ਜੀਵਾਤਮਾ ਸਰੀਰ ਵਿਚ ਆ ਟਿਕਦਾ ਹੈ ॥੧॥
43097	1007	ਜਿਥੈ ਅਗਨਿ ਭਖੈ ਭੜ ਹਾਰੇ॥	(ਭੜ) ਭੱਠ। (ਹਾਰੇ) ਬਰਾਬਰ। ਭਖੈ: ਪੋਲਾ ਬੋਲੋ। (ਦੂਜਾ ਪਾਠ: ਭੜਹਾਰੇ)	Jithhai Agan Bhakhai Bharrehaarae ||	In that place, where the fire rages like an oven,	ਜਿੱਥੇ (ਮਾਂ ਦੇ ਪੇਟ ਵਿਚ ਪੇਟ ਦੀ) ਅੱਗ ਬੜੀ ਭਖਦੀ ਹੈ,
43098	1007	ਊਰਧ ਮੁਖ ਮਹਾ ਗੁਬਾਰੇ॥		Ooradhh Mukh Mehaa Gubaarae ||	In that darkness where the body lies face down	ਉਸ ਭਿਆਨਕ ਹਨੇਰੇ ਵਿਚ ਜੀਵ ਉਲਟੇ-ਮੂੰਹ ਪਿਆ ਰਹਿੰਦਾ ਹੈ।
43099	1007	ਸਾਸਿ ਸਾਸਿ ਸਮਾਲੇ ਸੋਈ ਓਥੈ ਖਸਮਿ ਛਡਾਇ ਲਇਆ॥੨॥	ਲ-ਇਆ	Saas Saas Samaalae Soee Outhhai Khasam Shhaddaae Laeiaa ||2||	- there, one remembers his Lord and Master with each and every breath, and then he is rescued. ||2||	ਜੀਵ (ਉਥੇ ਆਪਣੇ) ਹਰੇਕ ਸਾਹ ਦੇ ਨਾਲ ਪਰਮਾਤਮਾ ਨੂੰ ਯਾਦ ਕਰਦਾ ਰਹਿੰਦਾ ਹੈ, ਉਸ ਥਾਂ ਮਾਲਕ-ਪ੍ਰਭੂ ਨੇ ਹੀ ਜੀਵ ਨੂੰ ਬਚਾਇਆ ਹੁੰਦਾ ਹੈ ॥੨॥

43100	1007	ਵਿਚਹੁ ਗਰਭੈ ਨਿਕਲਿ ਆਇਆ॥		Vichahu Garabhai Nikal Aaeiaa ||	Then, one comes out from within the womb,	ਜਦੋਂ ਜੀਵ ਮਾਂ ਦੇ ਪੇਟ ਵਿਚੋਂ ਬਾਹਰ ਆ ਜਾਂਦਾ ਹੈ,
43101	1007	ਖਸਮੁ ਵਿਸਾਰਿ ਦੁਨੀ ਚਿਤੁ ਲਾਇਆ॥		Khasam Visaar Dhunee Chith Laaeiaa ||	And forgetting his Lord and Master, he attaches his consciousness to the world.	ਮਾਲਕ-ਪ੍ਰਭੂ ਨੂੰ ਭੁਲਾ ਕੇ ਦੁਨੀਆ ਦੇ ਪਦਾਰਥਾਂ ਵਿਚ ਚਿੱਤ ਜੋੜ ਲੈਂਦਾ ਹੈ।
43102	1007	ਆਵੈ ਜਾਇ ਭਵਾਈਐ ਜੋਨੀ ਰਹਣੁ ਨ ਕਿਤਹੀ ਥਾਇ ਭਇਆ॥੩॥		Aavai Jaae Bhavaaeeai Jonee Rehan N Kithehee Thhaae Bhaeiaa ||3||	He comes and goes, and wanders in reincarnation; he cannot remain anywhere. ||3||	(ਪ੍ਰਭੂ ਨੂੰ ਵਿਸਾਰਨ ਕਰਕੇ) ਜੰਮਣ ਮਰਨ ਦੇ ਗੇੜ ਵਿਚ (ਜੀਵ) ਪੈ ਜਾਂਦਾ ਹੈ, ਜੂਨਾਂ ਵਿਚ ਪਾਇਆ ਜਾਂਦਾ ਹੈ, ਕਿਸੇ ਇੱਕ ਥਾਂ ਇਸ ਨੂੰ ਟਿਕਾਣਾ ਨਹੀਂ ਮਿਲਦਾ ॥੩॥
43103	1007	ਮਿਹਰਵਾਨਿ ਰਖਿ ਲਇਅਨੁ ਆਪੇ॥		Miharavaan Rakh Laeian Aapae ||	The Merciful Lord Himself emancipates.	ਉਸ ਮਿਹਰਵਾਨ (ਪ੍ਰਭੂ) ਨੇ ਆਪ ਹੀ (ਜੀਵ ਜਨਮ ਮਰਨ ਦੇ ਗੇੜ ਤੋਂ) ਬਚਾਏ ਹਨ।
43104	1007	ਜੀਅ ਜੰਤ ਸਭਿ ਤਿਸ ਕੇ ਥਾਪੇ॥		Jeea Janth Sabh This Kae Thhaapae ||	He created and established all beings and creatures.	ਸਾਰੇ ਜੀਵ ਉਸ (ਪਰਮਾਤਮਾ) ਦੇ ਹੀ ਪੈਦਾ ਕੀਤੇ ਹੋਏ ਹਨ।

43105	1007	ਜਨਮੁ ਪਦਾਰਥੁ ਜਿਣਿ ਚਲਿਆ ਨਾਨਕ ਆਇਆ ਸੋ ਪਰਵਾਣੁ ਥਿਆ॥੪॥੧॥੩੧॥	ਚੱਲਿਆ	Janam Padhaarathh Jin Chaliaa Naanak Aaeiaa So Paravaan Thhiaa ||4||1||31||	Those who depart after having been victorious in this priceless human life - O Nanak, their coming into the world is approved. ||4||1||31||	ਹੇ ਨਾਨਕ! ਜਿਹੜਾ ਮਨੁੱਖ (ਪਰਮਾਤਮਾ ਦੇ ਨਾਮ ਦੀ ਰਾਹੀਂ) ਇਸ ਕੀਮਤੀ ਜਨਮ (ਦੀ ਬਾਜ਼ੀ) ਨੂੰ ਜਿੱਤ ਕੇ ਇਥੋਂ ਤੁਰਦਾ ਹੈ, ਉਹ ਇਸ ਜਗਤ ਵਿਚ ਆਇਆ ਹੋਇਆ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਕਬੂਲ ਹੁੰਦਾ ਹੈ ॥੪॥੧॥੩੧॥
43106	1008	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
43107	1008	ਵੈਦੋ ਨ ਵਾਈ ਭੈਣੋ ਨ ਭਾਈ ਏਕੋ ਸਹਾਈ ਰਾਮੁ ਹੇ॥੧॥	ਵੈੱਦੋ	Vaidho N Vaaee Bhaino N Bhaaee Eaeko Sehaaee Raam Hae ||1||	The One Lord alone is our help and support; neither physician nor friend, nor sister nor brother can be this. ||1||	(ਦੁੱਖ-ਦਰਦ ਦੇ ਵੇਲੇ) ਸਿਰਫ਼ ਇਕ ਪਰਮਾਤਮਾ ਹੀ ਮਦਦ ਕਰਨ ਵਾਲਾ ਹੁੰਦਾ ਹੈ। ਨਾਹ ਕੋਈ ਵੈਦ ਨਾਹ ਕਿਸੇ ਵੈਦ ਦੀ ਦਵਾਈ; ਨਾਹ ਕੋਈ ਭੈਣ ਨਾਹ ਕੋਈ ਭਰਾ-ਕੋਈ ਭੀ ਮਦਦ ਕਰਨ ਜੋਗਾ ਨਹੀਂ ਹੁੰਦਾ ॥੧॥
43108	1008	ਕੀਤਾ ਜਿਸੋ ਹੋਵੈ ਪਾਪਾਂ ਮਲੋ ਧੋਵੈ ਸੋ ਸਿਮਰਹੁ ਪਰਧਾਨੁ ਹੇ॥੨॥		Keethaa Jiso Hovai Paapaan Malo Dhhovai So Simarahu Paradhhaan Hae ||2||	His actions alone come to pass; He washes off the filth of sins. Meditate in remembrance on that Supreme Lord. ||2||	ਉਸ ਪਰਮਾਤਮਾ ਦਾ ਸਿਮਰਨ ਕਰਦੇ ਰਹੋ ਜਿਸ ਦਾ ਕੀਤਾ ਹਰੇਕ ਕੰਮ (ਜਗਤ ਵਿਚ) ਹੋ ਰਿਹਾ ਹੈ, ਜੋ (ਜੀਵਾਂ ਦੇ) ਪਾਪਾਂ ਦੀ ਮੈਲ ਧੋਂਦਾ ਹੈ। ਉਹ ਪਰਮਾਤਮਾ ਹੀ (ਜਗਤ ਵਿਚ) ਸ਼ਿਰੋਮਣੀ ਹੈ ॥੨॥

43109	1008	ਘਟਿ ਘਟੇ ਵਾਸੀ ਸਰਬ ਨਿਵਾਸੀ ਅਸਥਿਰੁ ਜਾ ਕਾ ਥਾਨੁ ਹੇ॥੩॥	ਘਟਿ ਘਟੇ: ਪੋਲਾ ਬੋਲੋ	Ghatt Ghattae Vaasee Sarab Nivaasee Asathhir Jaa Kaa Thhaan Hae ||3||	He abides in each and every heart, and dwells in all; His seat and place are eternal. ||3||	(ਉਸ ਪਰਮਾਤਮਾ ਦਾ ਹੀ ਸਿਮਰਨ ਕਰੋ) ਜਿਸ ਦਾ ਆਸਣ ਸਦਾ ਅਡੋਲ ਰਹਿਣ ਵਾਲਾ ਹੈ, ਜੋ ਹਰੇਕ ਸਰੀਰ ਵਿਚ ਵੱਸਦਾ ਹੈ, ਜੋ ਸਭ ਜੀਵਾਂ ਵਿਚ ਨਿਵਾਸ ਰੱਖਣ ਵਾਲਾ ਹੈ ॥੩॥
43110	1008	ਆਵੈ ਨ ਜਾਵੈ ਸੰਗੇ ਸਮਾਵੈ ਪੂਰਨ ਜਾ ਕਾ ਕਾਮੁ ਹੇ॥੪॥		Aavai N Jaavai Sangae Samaavai Pooran Jaa Kaa Kaam Hae ||4||	He does not come or go, and He is always with us. His actions are perfect. ||4||	(ਉਸੇ ਪਰਮਾਤਮਾ ਦਾ ਹੀ ਸਿਮਰਨ ਕਰੋ) ਜਿਸ ਦਾ ਹਰੇਕ ਕੰਮ ਮੁਕੰਮਲ (ਅਭੁੱਲ) ਹੈ, ਜੋ ਨਾਹ ਜੰਮਦਾ ਹੈ ਨਾਹ ਮਰਦਾ ਹੈ, ਪਰ ਹਰੇਕ ਜੀਵ ਦੇ ਨਾਲ ਗੁਪਤ ਵੱਸਦਾ ਹੈ ॥੪॥
43111	1008	ਭਗਤ ਜਨਾ ਕਾ ਰਾਖਣਹਾਰਾ॥		Bhagath Janaa Kaa Raakhanehaaraa ||	He is the Savior and the Protector of His devotees.	ਉਹ ਪਰਮਾਤਮਾ ਆਪਣੇ ਭਗਤਾਂ ਦੀ ਰੱਖਿਆ ਕਰਨ ਵਾਲਾ ਹੈ,
43112	1008	ਸੰਤ ਜੀਵਹਿ ਜਪਿ ਪ੍ਰਾਨ ਅਧਾਰਾ॥		Santh Jeevehi Jap Praan Adhhaaraa ||	The Saints live by meditating on God, the support of the breath of life.	ਉਹ ਹਰੇਕ ਦੇ ਪ੍ਰਾਣਾਂ ਦਾ ਆਸਰਾ ਹੈ। ਸੰਤ ਜਨ (ਉਸ ਦਾ ਨਾਮ) ਜਪ ਕੇ ਆਤਮਕ ਜੀਵਨ ਹਾਸਲ ਕਰਦੇ ਰਹਿੰਦੇ ਹਨ।

43113	1008	ਕਰਨ ਕਾਰਨ ਸਮਰਥੁ ਸੁਆਮੀ ਨਾਨਕੁ ਤਿਸੁ ਕੁਰਬਾਨੁ ਹੇ॥੫॥੨॥੩੨॥	ਸਮਰੱਥੁ	Karan Kaaran Samarathh Suaamee Naanak This Kurabaan Hae ||5||2||32||	The Almighty Lord and Master is the Cause of causes; Nanak is a sacrifice to Him. ||5||2||32||	ਉਹ ਪਰਮਾਤਮਾ ਇਸ ਜਗਤ-ਰਚਨਾ ਦਾ ਮੂਲ ਹੈ, ਸਾਰੀਆਂ ਤਾਕਤਾਂ ਦਾ ਮਾਲਕ ਹੈ, ਸਭ ਦਾ ਖਸਮ ਹੈ। ਨਾਨਕ (ਸਦਾ) ਉਸ ਤੋਂ ਸਦਕੇ ਜਾਂਦਾ ਹੈ ॥੫॥੨॥੩੨॥
43114	1008	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
43115	1008	ਮਾਰੂ ਮਹਲਾ ੯॥		Maaroo Mehalaa 9 ||	Maaroo, Ninth Mehl:	ਰਾਗ ਮਾਰੂ ਵਿੱਚ ਤੇਗਬਹਾਦਰ ਜੀ ਦੀ ਬਾਣੀ।
43116	1008	ਹਰਿ ਕੋ ਨਾਮੁ ਸਦਾ ਸੁਖਦਾਈ॥		Har Ko Naam Sadhaa Sukhadhaaee ||	The Name of the Lord is forever the Giver of peace.	ਪਰਮਾਤਮਾ ਦਾ ਨਾਮ ਸਦਾ ਆਤਮਕ ਆਨੰਦ ਦੇਣ ਵਾਲਾ ਹੈ,
43117	1008	ਜਾ ਕਉ ਸਿਮਰਿ ਅਜਾਮਲੁ ਉਧਰਿਓ ਗਨਕਾ ਹੂ ਗਤਿ ਪਾਈ॥੧॥ਰਹਾਉ॥	ਅਜਾਮੱਲੁ, ਉਧ-ਰਿਓ	Jaa Ko Simar Ajaamal Oudhhariou Ganikaa Hoo Gath Paaee ||1|| Rehaao ||	Meditating in remembrance on it, Ajaamal was saved, and Ganika the prostitute was emancipated. ||1||Pause||	ਜਿਸ ਨਾਮ ਨੂੰ ਸਿਮਰ ਕੇ ਅਜਾਮਲ ਵਿਕਾਰਾਂ ਤੋਂ ਬਚ ਗਿਆ ਸੀ, (ਇਸ ਨਾਮ ਨੂੰ ਸਿਮਰ ਕੇ) ਵੇਸੁਆ ਨੇ ਭੀ ਉੱਚੀ ਆਤਮਕ ਅਵਸਥਾ ਹਾਸਲ ਕਰ ਲਈ ਸੀ ॥੧॥ ਰਹਾਉ ॥

43118	1008	ਪੰਚਾਲੀ ਕਉ ਰਾਜ ਸਭਾ ਮੈ ਰਾਮ ਨਾਮ ਸੁਧਿ ਆਈ॥	(ਪੰਚਾਲੀ) ਪੰਜਾਂ ਪਾਂਡਵਾਂ ਦੀ ਪਟਰਾਣੀ ਦ੍ਰੌਪਤੀ	Panchaalee Ko Raaj Sabhaa Mehi Raam Naam Sudhh Aaee ||	Dropadi the princess of Panchaala remembered the Lord's Name in the royal court.	ਦੁਰਯੋਧਨ ਦੇ ਰਾਜ-ਦਰਬਾਰ ਵਿਚ ਦ੍ਰੌਪਦੀ ਨੇ (ਭੀ) ਪਰਮਾਤਮਾ ਦੇ ਨਾਮ ਦਾ ਧਿਆਨ ਧਰਿਆ ਸੀ,
43119	1008	ਤਾ ਕੋ ਦੂਖੁ ਹਰਿਓ ਕਰੁਣਾਮੈ ਅਪਨੀ ਪੈਜ ਬਢਾਈ॥੧॥	ਕਰੁਣਾ-ਮੈ	Thaa Ko Dhookh Hariou Karunaa Mai Apanee Paij Badtaaee ||1||	The Lord, the embodiment of mercy, removed her suffering; thus His own glory was increased. ||1||	ਤੇ, ਤਰਸ-ਸਰੂਪ ਪਰਮਾਤਮਾ ਨੇ ਉਸ ਦਾ ਦੁੱਖ ਦੂਰ ਕੀਤਾ ਸੀ, (ਤੇ ਇਸ ਤਰ੍ਹਾਂ) ਆਪਣਾ ਨਾਮਣਾ ਵਧਾਇਆ ਸੀ ॥੧॥
43120	1008	ਜਿਹ ਨਰ ਜਸੁ ਕਿਰਪਾਨਿਧਿ ਗਾਇਓ ਤਾ ਕਉ ਭਇਓ ਸਹਾਈ॥		Jih Nar Jas Kirapaa Nidhh Gaaeiou Thaa Ko Bhaeiou Sehaaee ||	That man, who sings the Praise of the Lord, the treasure of mercy, has the help and support of the Lord.	ਜਿਨ੍ਹਾਂ ਭੀ ਬੰਦਿਆਂ ਨੇ ਕਿਰਪਾ ਦੇ ਖ਼ਜ਼ਾਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ, ਪਰਮਾਤਮਾ ਉਹਨਾਂ ਨੂੰ ਮਦਦਗਾਰ (ਹੋ ਕੇ) ਬਹੁੜਿਆ।
43121	1008	ਕਹੁ ਨਾਨਕ ਮੈ ਇਹੀ ਭਰੋਸੈ ਗਹੀ ਆਨ ਸਰਨਾਈ॥੨॥੧॥		Kahu Naanak Mai Eihee Bharosai Gehee Aan Saranaaee ||2||1||	Says Nanak, I have come to rely on this. I seek the Sanctuary of the Lord. ||2||1||	ਨਾਨਕ ਆਖਦਾ ਹੈ- ਮੈਂ ਭੀ ਇਸੇ ਹੀ ਭਰੋਸੇ ਤੇ ਆ ਕੇ ਪਰਮਾਤਮਾ ਦੀ ਹੀ ਸਰਨ ਲਈ ਹੈ ॥੨॥੧॥
43122	1008	ਮਾਰੂ ਮਹਲਾ ੯॥		Maaroo Mehalaa 9 ||	Maaroo, Ninth Mehl:	

43123	1008	ਅਬ ਮੈ ਕਹਾ ਕਰਉ ਰੀ ਮਾਈ॥		Ab Mai Kehaa Karo Ree Maaee ||	What should I do now, O mother?	ਹੇ ਮਾਂ! (ਵੇਲਾ ਵਿਹਾ ਜਾਣ ਤੇ) ਹੁਣ ਮੈਂ ਕੀਹ ਕਰ ਸਕਦਾ ਹਾਂ? (ਭਾਵ, ਵੇਲਾ ਵਿਹਾ ਜਾਣ ਤੇ ਮਨੁੱਖ ਕੁਝ ਭੀ ਨਹੀਂ ਕਰ ਸਕਦਾ)।
43124	1008	ਸਗਲ ਜਨਮੁ ਬਿਖਿਅਨ ਸਿਉ ਖੋਇਆ ਸਿਮਰਿਓ ਨਾਹਿ ਕਨ੍ਾਈ॥੧॥ਰਹਾਉ॥	(ਕਨ੍ਾਈ) ਸਭ ਦੀ ਸੁਖ ਰੂਪੀ ਹਰਕਤ ਕਰੌਣ ਵਾਲੇ ਭਗਵਾਨ ਜੀ	Sagal Janam Bikhian Sio Khoeiaa Simariou Naahi Kanhaaee ||1|| Rehaao ||	I have wasted my whole life in sin and corruption; I never remembered the Lord. ||1||Pause||	ਜਿਸ ਮਨੁੱਖ ਨੇ ਸਾਰੀ ਜ਼ਿੰਦਗੀ ਵਿਸ਼ੇ-ਵਿਕਾਰਾਂ ਵਿਚ ਗਵਾ ਲਈ, ਤੇ, ਪਰਮਾਤਮਾ ਦਾ ਸਿਮਰਨ ਕਦੇ ਭੀ ਨਾਹ ਕੀਤਾ (ਉਹ ਸਮਾ ਖੁੰਝ ਜਾਣ ਤੇ ਫਿਰ ਕੁਝ ਨਹੀਂ ਕਰ ਸਕਦਾ) ॥੧॥ ਰਹਾਉ ॥
43125	1008	ਕਾਲ ਫਾਸ ਜਬ ਗਰ ਮੈ ਮੇਲੀ ਤਿਹ ਸੁਧਿ ਸਭ ਬਿਸਰਾਈ॥		Kaal Faas Jab Gar Mehi Maelee Thih Sudhh Sabh Bisaraaee ||	When Death places the noose around my neck, then I lose all my senses.	ਹੇ ਮਾਂ! ਜਦੋਂ ਜਮਰਾਜ (ਮਨੁੱਖ ਦੇ) ਗਲ ਵਿਚ ਮੌਤ ਦੀ ਫਾਹੀ ਪਾ ਦੇਂਦਾ ਹੈ, ਤਦੋਂ ਉਹ ਉਸ ਦੀ ਸਾਰੀ ਸੁਧ-ਬੁਧ ਭੁਲਾ ਦੇਂਦਾ ਹੈ।
43126	1008	ਰਾਮ ਨਾਮ ਬਿਨੁ ਯਾ ਸੰਕਟ ਮੈ ਕੋ ਅਬ ਹੋਤ ਸਹਾਈ॥੧॥	ਯਾ: ਤਾਲੂ ਤੋਂ ਬੋਲੋ	Raam Naam Bin Yaa Sankatt Mehi Ko Ab Hoth Sehaaee ||1||	Now, in this disaster, other than the Name of the Lord, who will be my help and support? ||1||	ਉਸ ਬਿਪਤਾ ਵਿਚ ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਭੀ ਮਦਦਗਾਰ ਨਹੀਂ ਬਣ ਸਕਦਾ (ਜਮਾਂ ਦੀ ਫਾਹੀ ਤੋਂ, ਆਤਮਕ ਮੌਤ ਤੋਂ ਸਹਿਮ ਤੋਂ ਸਿਰਫ਼ ਹਰਿ-ਨਾਮ ਹੀ ਬਚਾਂਦਾ ਹੈ) ॥੧॥

43127	1008	ਜੋ ਸੰਪਤਿ ਅਪਨੀ ਕਰਿ ਮਾਨੀ ਛਿਨ ਮੋ ਭਈ ਪਰਾਈ॥		Jo Sanpath Apanee Kar Maanee Shhin Mehi Bhee Paraaee ||	That wealth, which he believes to be his own, in an instant, belongs to another.	ਹੇ ਮਾਂ! ਜਿਹੜੇ ਧਨ-ਪਦਾਰਥ ਨੂੰ ਮਨੁੱਖ ਸਦਾ ਆਪਣਾ ਸਮਝੀ ਰੱਖਦਾ ਹੈ (ਜਦੋਂ ਮੌਤ ਆਉਂਦੀ ਹੈ, ਉਹ ਧਨ-ਪਦਾਰਥ) ਇਕ ਖਿਨ ਵਿਚ ਬਿਗਾਨਾ ਹੋ ਜਾਂਦਾ ਹੈ।
43128	1008	ਕਹੁ ਨਾਨਕ ਯਹ ਸੋਚ ਰਹੀ ਮਨਿ ਹਰਿ ਜਸੁ ਕਬਹੂ ਨ ਗਾਈ॥੨॥੨॥	ਯਹ: ਯ ਤਾਲੂ ਤੋਂ ਬੋਲੋ	Kahu Naanak Yeh Soch Rehee Man Har Jas Kabehoo N Gaaee ||2||2||	Says Nanak, this still really bothers my mind - I never sang the Praises of the Lord. ||2||2||	ਨਾਨਕ ਆਖਦਾ ਹੈ- ਉਸ ਵੇਲੇ ਮਨੁੱਖ ਦੇ ਮਨ ਵਿਚ ਇਹ ਪਛੁਤਾਵਾ ਰਹਿ ਜਾਂਦਾ ਹੈ ਕਿ ਪਰਮਾਤਮਾ ਦੀ ਸਿਫ਼ਤ-ਸਾਲਾਹ ਕਦੇ ਭੀ ਨਾਹ ਕੀਤੀ ॥੨॥੨॥
43129	1008	ਮਾਰੂ ਮਹਲਾ ੯॥		Maaroo Mehalaa 9 ||	Maaroo, Ninth Mehl:	
43130	1008	ਮਾਈ ਮੈ ਮਨ ਕੋ ਮਾਨੁ ਨ ਤਿਆਗਿਓ॥		Maaee Mai Man Ko Maan N Thiaagiou ||	O my mother, I have not renounced the pride of my mind.	ਹੇ ਮਾਂ! (ਜਦੋਂ ਤੋਂ ਮੈਂ ਗੁਰੂ-ਚਰਨਾਂ ਵਿਚ ਪਿਆਰ ਪਾਇਆ ਹੈ, ਤਦੋਂ ਤੋਂ ਮੈਨੂੰ ਪਛੁਤਾਵਾ ਲੱਗਾ ਹੈ ਕਿ) ਮੈਂ ਆਪਣੇ ਮਨ ਦਾ ਅਹੰਕਾਰ ਨਾਹ ਛੱਡਿਆ।
43131	1008	ਮਾਇਆ ਕੇ ਮਦਿ ਜਨਮੁ ਸਿਰਾਇਓ ਰਾਮ ਭਜਨ ਨਹੀ ਲਾਗਿਓ॥੧॥ਰਹਾਉ ॥		Maaeiaa Kae Madh Janam Siraaeiou Raam Bhajan Nehee Laagiou ||1|| Rehaao ||	I have wasted my life intoxicated with Maya; I have not focused myself in meditation on the Lord. ||1||Pause||	ਮਾਇਆ ਦੇ ਨਸ਼ੇ ਵਿਚ ਮੈਂ ਆਪਣੀ ਉਮਰ ਗੁਜ਼ਾਰ ਦਿੱਤੀ, ਤੇ, ਪਰਮਾਤਮਾ ਦੇ ਭਜਨ ਵਿਚ ਮੈਂ ਨਾਹ ਲੱਗਾ ॥੧॥ ਰਹਾਉ ॥

43132	1008	ਜਮ ਕੋ ਡੰਡੁ ਪਰਿਓ ਸਿਰ ਊਪਰਿ ਤਬ ਸੋਵਤ ਤੈ ਜਾਗਿਓ॥		Jam Ko Ddandd Pariou Sir Oopar Thab Sovath Thai Jaagiou ||	When Death's club falls on my head, then I will be wakened from my sleep.	(ਮਨੁੱਖ ਮਾਇਆ ਦੀ ਨੀਂਦ ਵਿਚ ਗ਼ਾਫ਼ਿਲ ਪਿਆ ਰਹਿੰਦਾ ਹੈ) ਜਦੋਂ ਜਮਦੂਤ ਦਾ ਡੰਡਾ (ਇਸ ਦੇ) ਸਿਰ ਉੱਤੇ ਵੱਸਦਾ ਹੈ, ਤਦੋਂ (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਸੁੱਤਾ ਹੋਇਆ ਜਾਗਦਾ ਹੈ।
43133	1008	ਕਹਾ ਹੋਤ ਅਬ ਕੈ ਪਛੁਤਾਏ ਛੂਟਤ ਨਾਹਨਿ ਭਾਗਿਓ॥੧॥	(ਭਾਗਿਓ) ਭੱਜਿਆਂ। ਨਾ–ਹਨਿ। (ਦੂਜਾ ਪਾਠ: ਨਾਹ ਨਿਭਾਗਿਓ)	Kehaa Hoth Ab Kai Pashhuthaaeae Shhoottath Naahin Bhaagiou ||1||	But what good will it do to repent at that time? I cannot escape by running away. ||1||	ਪਰ ਉਸ ਵੇਲੇ ਦੇ ਪਛੁਤਾਵੇ ਨਾਲ ਕੁਝ ਸੰਵਰਦਾ ਨਹੀਂ, (ਕਿਉਂਕਿ ਉਸ ਵੇਲੇ ਜਮਾਂ ਪਾਸੋਂ) ਭੱਜਿਆਂ ਖ਼ਲਾਸੀ ਨਹੀਂ ਹੋ ਸਕਦੀ ॥੧॥
43134	1008	ਇਹ ਚਿੰਤਾ ਉਪਜੀ ਘਟ ਮੈ ਜਬ ਗੁਰ ਚਰਨਨ ਅਨੁਰਾਗਿਓ॥		Eih Chinthaa Oupajee Ghatt Mehi Jab Gur Charanan Anuraagiou ||	When this anxiety arises in the heart, then, one comes to love the Guru's feet.	ਜਦੋਂ ਮਨੁੱਖ ਗੁਰੂ ਦੇ ਚਰਨਾਂ ਵਿਚ ਪਿਆਰ ਪਾਂਦਾ ਹੈ, ਤਦੋਂ ਉਸ ਦੇ ਹਿਰਦੇ ਵਿਚ ਇਹ ਫੁਰਨਾ ਉੱਠਦਾ ਹੈ (ਕਿ ਪ੍ਰਭੂ ਦੇ ਭਜਨ ਤੋਂ ਬਿਨਾ ਉਮਰ ਵਿਅਰਥ ਹੀ ਬੀਤਦੀ ਰਹੀ)।
43135	1008	ਸੁਫਲੁ ਜਨਮੁ ਨਾਨਕ ਤਬ ਹੂਆ ਜੋ ਪ੍ਰਭ ਜਸ ਮੈ ਪਾਗਿਓ॥੨॥੩॥	ਪੱਗਿਓ	Sufal Janam Naanak Thab Hooaa Jo Prabh Jas Mehi Paagiou ||2||3||	My life becomes fruitful, O Nanak, only when I am absorbed in the Praises of God. ||2||3||	ਹੇ ਨਾਨਕ! ਮਨੁੱਖ ਦੀ ਜ਼ਿੰਦਗੀ ਕਾਮਯਾਬ ਤਦੋਂ ਹੀ ਹੁੰਦੀ ਹੈ ਜਦੋਂ (ਇਹ ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਵਿਚ ਜੁੜਦਾ ਹੈ ॥੨॥੩॥

43136	1008	ਮਾਰੂ ਅਸਟਪਦੀਆ ਮਹਲਾ ੧ ਘਰੁ ੧	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Maaroo Asattapadheeaa Mehalaa 1 Ghar 1	Maaroo, Ashtapadees, First Mehl, First House:	ਰਾਗ ਮਾਰੂ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
43137	1008	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
43138	1008	ਬੇਦ ਪੁਰਾਣ ਕਥੇ ਸੁਣੇ ਹਾਰੇ ਮੁਨੀ ਅਨੇਕਾ॥		Baedh Puraan Kathhae Sunae Haarae Munee Anaekaa ||	Reciting and listening to the Vedas and the Puraanas, countless wise men have grown weary.	ਅਨੇਕਾਂ ਰਿਸ਼ੀ ਮੁਨੀ (ਮੌਨਧਾਰੀ) ਵੇਦ ਪੁਰਾਣ (ਆਦਿਕ ਧਰਮ ਪੁਸਤਕਾਂ) ਸੁਣਾ ਸੁਣਾ ਕੇ ਸੁਣ ਸੁਣ ਕੇ ਥੱਕ ਗਏ।
43139	1008	ਅਠਸਠਿ ਤੀਰਥ ਬਹੁ ਘਣਾ ਭ੍ਰਮਿ ਥਾਕੇ ਭੇਖਾ॥		Athasath Theerathh Bahu Ghanaa Bhram Thhaakae Bhaekhaa ||	So many in their various religious robes have grown weary, wandering to the sixty-eight sacred shrines of pilgrimage.	ਸਭ ਭੇਖਾਂ ਦੇ ਅਨੇਕਾਂ ਸਾਧੂ ਅਠਾਹਠ ਤੀਰਥਾਂ ਤੇ ਭੌਂ ਭੌਂ ਕੇ ਥੱਕ ਗਏ (ਪਰੰਤੂ ਪਰਮਾਤਮਾ ਨੂੰ ਪ੍ਰਸੰਨ ਨਾਹ ਕਰ ਸਕੇ)।
43140	1008	ਸਾਚੋ ਸਾਹਿਬੁ ਨਿਰਮਲੋ ਮਨਿ ਮਾਨੈ ਏਕਾ॥੧॥		Saacho Saahib Niramalo Man Maanai Eaekaa ||1||	The True Lord and Master is immaculate and pure. The mind is satisfied only by the One Lord. ||1||	ਉਹ ਸਦਾ-ਥਿਰ ਰਹਿਣ ਵਾਲਾ ਪਵਿਤ੍ਰ ਮਾਲਕ ਸਿਰਫ਼ ਮਨ (ਦੀ ਪਵਿਤ੍ਰਤਾ) ਦੀ ਰਾਹੀਂ ਪਤੀਜਦਾ ਹੈ ॥੧॥
43141	1008	ਤੂ ਅਜਰਾਵਰੁ ਅਮਰੁ ਤੂ ਸਭ ਚਾਲਣਹਾਰੀ॥	(ਅਜਰਾ-ਵਰੁ) ਬੁਢੇਪੇ ਰਹਿਤ। ਚੱਾਲਣ-ਹਾਰੀ	Thoo Ajaraavar Amar Thoo Sabh Chaalanehaaree ||	You are eternal; You do not grow old. All others pass away.	ਹੇ ਪ੍ਰਭੂ! ਸਾਰੀ ਸ੍ਰਿਸ਼ਟੀ ਨਾਸਵੰਤ ਹੈ। (ਪਰ) ਤੂੰ ਕਦੇ ਬੁੱਢਾ ਨਹੀਂ ਹੁੰਦਾ, ਤੂੰ ਅੱਤ ਸ੍ਰੇਸ਼ਟ ਹੈਂ, ਤੂੰ ਮੌਤ ਤੋਂ ਰਹਿਤ ਹੈਂ।

43142	1008	ਨਾਮੁ ਰਸਾਇਣੁ ਭਾਇ ਲੈ ਪਰਹਰਿ ਦੁਖੁ ਭਾਰੀ॥੧॥ਰਹਾਉ॥		Naam Rasaaein Bhaae Lai Parehar Dhukh Bhaaree ||1|| Rehaao ||	One who lovingly focuses on the Naam, the source of nectar - his pains are taken away. ||1||Pause||	ਤੇਰਾ ਨਾਮ ਸਾਰੇ ਰਸਾਂ ਦਾ ਸੋਮਾ ਹੈ। ਜੇਹੜਾ ਜੀਵ (ਤੇਰਾ ਨਾਮ) ਪ੍ਰੇਮ ਨਾਲ ਜਪਦਾ ਹੈ, ਉਹ ਆਪਣਾ ਵੱਡੇ ਤੋਂ ਵੱਡਾ ਦੁੱਖ ਦੂਰ ਕਰ ਲੈਂਦਾ ਹੈ ॥੧॥ ਰਹਾਉ ॥
43143	1009	ਹਰਿ ਪੜੀਐ ਹਰਿ ਬੁਝੀਐ ਗੁਰਮਤੀ ਨਾਮਿ ਉਧਾਰਾ॥	ਬੁੱਝੀਐ	Har Parreeai Har Bujheeai Guramathee Naam Oudhhaaraa ||	Study the Lord's Name, and understand the Lord's Name; follow the Guru's Teachings, and through the Naam, you shall be saved.	ਪਰਮਾਤਮਾ ਦਾ ਨਾਮ (ਹੀ) ਪੜ੍ਹਨਾ ਚਾਹੀਦਾ ਹੈ ਨਾਮ ਹੀ ਸਮਝਣਾ ਚਾਹੀਦਾ ਹੈ, ਗੁਰੂ ਦੀ ਸਿੱਖਿਆ ਲੈ ਕੇ ਪ੍ਰਭੂ ਦੇ ਨਾਮ ਦੀ ਰਾਹੀਂ ਹੀ (ਪਾਪਾਂ ਤੋਂ) ਬਚਾਉ ਹੁੰਦਾ ਹੈ।
43144	1009	ਗੁਰਿ ਪੂਰੈ ਪੂਰੀ ਮਤਿ ਹੈ ਪੂਰੈ ਸਬਦਿ ਬੀਚਾਰਾ॥	ਮੱਤਿ	Gur Poorai Pooree Math Hai Poorai Sabadh Beechaaraa ||	Perfect are the Teachings of the Perfect Guru; contemplate the Perfect Word of the Shabad.	ਇਹ ਪੂਰੀ ਮੱਤ ਤੇ ਸ੍ਰੇਸ਼ਟ ਵਿਚਾਰ ਪੂਰੇ ਗੁਰੂ ਦੀ ਰਾਹੀਂ ਪੂਰੇ ਗੁਰੂ ਦੇ ਸ਼ਬਦ ਵਿਚ ਜੁੜਿਆਂ ਹੀ ਮਿਲਦੀ ਹੈ,
43145	1009	ਅਠਸਠਿ ਤੀਰਥ ਹਰਿ ਨਾਮੁ ਹੈ ਕਿਲਵਿਖ ਕਾਟਣਹਾਰਾ॥੨॥		Athasath Theerathh Har Naam Hai Kilavikh Kaattanehaaraa ||2||	The Lord's Name is the sixty-eight sacred shrines of pilgrimage, and the Eradicator of sins. ||2||	ਕਿ ਪਰਮਾਤਮਾ ਦਾ ਨਾਮ ਅਠਾਹਠ ਤੀਰਥਾਂ ਦਾ ਇਸ਼ਨਾਨ ਹੈ, ਤੇ ਸਾਰੇ ਪਾਪ ਨਾਸ ਕਰਨ ਦੇ ਸਮਰੱਥ ਹੈ ॥੨॥

43146	1009	ਜਲੁ ਬਿਲੋਵੈ ਜਲੁ ਮਥੈ ਤਤੁ ਲੋੜੈ ਅੰਧੁ ਅਗਿਆਨਾ॥	ਮਥੈ: ਪੋਲਾ ਬੋਲੋ। ਤੱਤੁ	Jal Bilovai Jal Mathhai Thath Lorrai Andhh Agiaanaa ||	The blind ignorant mortal stirs the water and churns the water, wishing to obtain butter.	ਜੇਹੜਾ ਮਨੁੱਖ ਪਾਣੀ ਰਿੜਕਦਾ ਹੈ, (ਸਦਾ) ਪਾਣੀ (ਹੀ) ਰਿੜਕਦਾ ਹੈ ਪਰ ਮੱਖਣ ਹਾਸਲ ਕਰਨਾ ਚਾਹੁੰਦਾ ਹੈ, ਉਹ (ਅਕਲੋਂ) ਅੰਨ੍ਹਾ ਹੈ ਉਹ ਅਗਿਆਨੀ ਹੈ।
43147	1009	ਗੁਰਮਤੀ ਦਧਿ ਮਥੀਐ ਅੰਮ੍ਰਿਤੁ ਪਾਈਐ ਨਾਮੁ ਨਿਧਾਨਾ॥	(ਦੱਧਿ) ਦਹੀਂ।ਮਥੀਐ: ਪੋਲਾ ਬੋਲੋ	Guramathee Dhadhh Mathheeai Anmrith Paaeeai Naam Nidhhaanaa ||	Following the Guru's Teachings, one churns the cream, and the treasure of the Ambrosial Naam is obtained.	ਜੇ ਦਹੀਂ ਰਿੜਕੀਏ ਤਾਂ ਮੱਖਣ ਲੱਭਦਾ ਹੈ (ਇਸੇ ਤਰ੍ਹਾਂ) ਜੇ ਗੁਰੂ ਦੀ ਮੱਤ ਲਈਏ ਤਾਂ ਪ੍ਰਭੂ ਦਾ ਨਾਮ ਮਿਲਦਾ ਹੈ ਜੋ (ਸਾਰੇ ਸੁਖਾਂ ਦਾ) ਖ਼ਜ਼ਾਨਾ ਹੈ।
43148	1009	ਮਨਮੁਖ ਤਤੁ ਨ ਜਾਣਨੀ ਪਸੂ ਮਾਹਿ ਸਮਾਨਾ॥੩॥	ਤੱਤੁ	Manamukh Thath N Jaananee Pasoo Maahi Samaanaa ||3||	The self-willed manmukh is a beast; he does not know the essence of reality that is contained within himself. ||3||	ਪਰ ਆਪਣੇ ਮਨ ਦੇ ਪਿੱਛੇ ਹਰਨ ਵਾਲੇ ਮਨੁੱਖ ਇਸ ਭੇਤ ਨੂੰ ਨਹੀਂ ਸਮਝਦੇ, ਉਹ ਪਸ਼ੂ-ਬ੍ਰਿਤੀ ਵਿਚ ਟਿਕੇ ਰਹਿੰਦੇ ਹਨ ॥੩॥
43149	1009	ਹਉਮੈ ਮੇਰਾ ਮਰੀ ਮਰੁ ਮਰਿ ਜੰਮੈ ਵਾਰੋ ਵਾਰ॥		Houmai Maeraa Maree Mar Mar Janmai Vaaro Vaar ||	Dying in egotism and self-conceit, one dies, and dies again, only to be reincarnated over and over again.	ਹਉਮੈ ਤੇ ਮਮਤਾ ਨਿਰੀ ਆਤਮਕ ਮੌਤ ਹੈ, ਇਸ ਆਤਮਕ ਮੌਤੇ ਮਰ ਕੇ ਜੀਵ ਮੁੜ ਮੁੜ ਜੰਮਦਾ ਮਰਦਾ ਹੈ।
43150	1009	ਗੁਰ ਕੈ ਸਬਦੇ ਜੇ ਮਰੈ ਫਿਰਿ ਮਰੈ ਨ ਦੂਜੀ ਵਾਰ॥		Gur Kai Sabadhae Jae Marai Fir Marai N Dhoojee Vaar ||	But when he dies in the Word of the Guru's Shabad, then he does not die, ever again.	ਜੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਇਸ ਹਉਮੈ ਤੇ ਮਮਤਾ ਵਲੋਂ) ਸਦਾ ਲਈ ਤਰਕ ਕਰ ਲਏ ਤਾਂ ਉਹ ਮੁੜ ਕਦੇ ਆਤਮਕ ਮੌਤ ਨਹੀਂ ਸਹੇੜਦਾ।

43151	1009	ਗੁਰਮਤੀ ਜਗਜੀਵਨੁ ਮਨਿ ਵਸੈ ਸਭਿ ਕੁਲ ਉਧਾਰਣਹਾਰ॥੪॥	ਜੱਗਜੀਵਨੁ, ਕੁਲ: ਪੋਲਾ ਬੋਲੋ	Guramathee Jagajeevan Man Vasai Sabh Kul Oudhhaaranehaar ||4||	When he follows the Guru's Teachings, and enshrines the Lord, the Life of the World, within his mind, he redeems all his generations. ||4||	ਗੁਰੂ ਦੀ ਸਿੱਖਿਆ ਦੀ ਬਰਕਤਿ ਨਾਲ ਜਿਸ ਮਨੁੱਖ ਦੇ ਮਨ ਵਿਚ ਜਗਤ ਦਾ ਜੀਵਨ ਪਰਮਾਤਮਾ ਵੱਸ ਪੈਂਦਾ ਹੈ (ਆਪ ਤਾਂ ਤਰਦਾ ਹੀ ਹੈ) ਆਪਣੀਆਂ ਸਾਰੀਆਂ ਕੁਲਾਂ ਨੂੰ ਭੀ ਆਤਮਕ ਮੌਤ ਤੋਂ ਬਚਾ ਲੈਂਦਾ ਹੈ ॥੪॥
43152	1009	ਸਚਾ ਵਖਰੁ ਨਾਮੁ ਹੈ ਸਚਾ ਵਾਪਾਰਾ॥	ਵੱਖਰੁ	Sachaa Vakhar Naam Hai Sachaa Vaapaaraa ||	The Naam, the Name of the Lord, is the true object, the true commodity.	(ਜੀਵ-ਵਣਜਾਰਾ ਜਗਤ-ਹੱਟ ਵਿਚ ਵਪਾਰ ਕਰਨ ਆਇਆ ਹੈ) ਸਦਾ ਕਾਇਮ ਰਹਿਣ ਵਾਲਾ (ਕਦੇ ਨਾਸ ਨਾਹ ਹੋਣ ਵਾਲਾ) ਸੰਦਾ ਪਰਮਾਤਮਾ ਦਾ ਨਾਮ (ਹੀ) ਹੈ, ਇਹੀ ਐਸਾ ਵਪਾਰ ਹੈ ਜੋ ਸਦਾ-ਥਿਰ ਰਹਿੰਦਾ ਹੈ।
43153	1009	ਲਾਹਾ ਨਾਮੁ ਸੰਸਾਰਿ ਹੈ ਗੁਰਮਤੀ ਵੀਚਾਰਾ॥		Laahaa Naam Sansaar Hai Guramathee Veechaaraa ||	The Naam is the only true profit in this world. Follow the Guru's Teachings, and contemplate it.	ਜਿਸ ਮਨੁੱਖ ਨੂੰ ਗੁਰੂ ਦੀ ਮੱਤ ਲੈ ਕੇ ਇਹ ਸੂਝ ਆ ਜਾਂਦੀ ਹੈ ਉਹ ਜਗਤ (-ਹੱਟ) ਵਿਚ ਨਾਮ (ਦੀ) ਖੱਟੀ ਖੱਟਦਾ ਹੈ।
43154	1009	ਦੂਜੈ ਭਾਇ ਕਾਰ ਕਮਾਵਣੀ ਨਿਤ ਤੋਟਾ ਸੈਸਾਰਾ॥੫॥		Dhoojai Bhaae Kaar Kamaavanee Nith Thottaa Saisaaraa ||5||	To work in the love of duality, brings constant loss in this world. ||5||	ਪਰ ਜੇ ਮਾਇਆ ਦੇ ਪਿਆਰ ਵਿਚ ਹੀ (ਸਦਾ) ਕਿਰਤ-ਕਾਰ ਕੀਤੀ ਜਾਏ, ਤਾਂ ਸੰਸਾਰ ਵਿਚ (ਆਤਮਕ ਜੀਵਨ ਦੀ ਪੂੰਜੀ ਨੂੰ) ਘਾਟਾ ਹੀ ਘਾਟਾ ਪੈਂਦਾ ਹੈ ॥੫॥

43155	1009	ਸਾਚੀ ਸੰਗਤਿ ਥਾਨੁ ਸਚੁ ਸਚੇ ਘਰ ਬਾਰਾ॥		Saachee Sangath Thhaan Sach Sachae Ghar Baaraa ||	True is one's association, true is one's place,	ਉਸ ਦੀ ਸੰਗਤ ਪਵਿਤ੍ਰ, ਉਸ ਦਾ ਰਿਹੈਸ਼ੀ ਥਾਂ ਪਵਿਤ੍ਰ, ਉਸ ਦੇ ਘਰ ਬਾਰ ਪਵਿਤ੍ਰ ਹਨ।
43156	1009	ਸਚਾ ਭੋਜਨੁ ਭਾਉ ਸਚੁ ਸਚੁ ਨਾਮੁ ਅਧਾਰਾ॥		Sachaa Bhojan Bhaao Sach Sach Naam Adhhaaraa ||	And true is one's hearth and home, when one has the support of the Naam.	ਪਰਮਾਤਮਾ ਦਾ ਸਦਾ-ਥਿਰ ਨਾਮ ਪਰਮਾਤਮਾ ਦਾ ਸਦਾ-ਥਿਰ ਪ੍ਰੇਮ ਉਸ (ਦੀ ਜ਼ਿੰਦਗੀ) ਦਾ ਆਸਰਾ ਬਣ ਜਾਂਦਾ ਹੈ ਉਸ ਦੇ ਆਤਮਕ ਜੀਵਨ ਦੀ ਸਦਾ-ਟਿਕਵੀਂ ਖ਼ੁਰਾਕ ਬਣ ਜਾਂਦਾ ਹੈ।
43157	1009	ਸਚੀ ਬਾਣੀ ਸੰਤੋਖਿਆ ਸਚਾ ਸਬਦੁ ਵੀਚਾਰਾ॥੬॥		Sachee Baanee Santhokhiaa Sachaa Sabadh Veechaaraa ||6||	Contemplating the True Word of the Guru's Bani, and the True Word of the Shabad, one becomes content. ||6||	ਉਹ ਮਨੁੱਖ ਸਦਾ-ਥਿਰ ਬਾਣੀ ਦੀ ਰਾਹੀਂ (ਮਾਇਆ ਦੀ ਤ੍ਰਿਸ਼ਨਾ ਵਲੋਂ) ਸੰਤੋਖੀ ਹੋ ਜਾਂਦਾ ਹੈ, ਜੇਹੜਾ ਗੁਰੂ ਦੇ ਸ਼ਬਦ ਨੂੰ ਆਪਣੀ ਸੋਚ-ਮੰਡਲ ਵਿਚ ਟਿਕਾਈ ਰੱਖਦਾ ਹੈ ॥੬॥
43158	1009	ਰਸ ਭੋਗਣ ਪਾਤਿਸਾਹੀਆ ਦੁਖ ਸੁਖ ਸੰਘਾਰਾ॥		Ras Bhogan Paathisaaheeaa Dhukh Sukh Sanghaaraa ||	Enjoying princely pleasures, one shall be destroyed in pain and pleasure.	ਪਰ ਦੁਨੀਆ ਦੇ ਰਸ ਮਾਣਨ ਨਾਲ, ਦੁਨੀਆ ਦੀਆਂ ਪਾਤਿਸ਼ਾਹੀਆਂ ਨਾਲ (ਮਨੁੱਖ ਨੂੰ) ਦੁਖ ਸੁਖ ਵਿਆਪਦੇ ਰਹਿੰਦੇ ਹਨ।

43159	1009	ਮੋਟਾ ਨਾਉ ਧਰਾਈਐ ਗਲਿ ਅਉਗਣ ਭਾਰਾ॥	ਗਲਿ: ਪੋਲਾ ਬੋਲੋ	Mottaa Naao Dhharaaeeai Gal Aougan Bhaaraa ||	Adopting a name of greatness, one strings heavy sins around his neck.	ਜੇ (ਦੁਨੀਆ ਦੇ ਵਡੱਪਣ ਦੇ ਕਾਰਨ ਆਪਣਾ) ਵੱਡਾ ਨਾਮ ਭੀ ਰਖਾ ਲਈਏ, ਤਾਂ ਭੀ ਸਗੋਂ ਗਲ ਵਿਚ ਔਗੁਣਾਂ ਦੇ ਭਾਰ ਬੱਝ ਪੈਂਦੇ ਹਨ (ਜਿਨ੍ਹਾਂ ਕਰਕੇ ਮਨੁੱਖ ਸੰਸਾਰ-ਸਮੁੰਦਰ ਵਿਚ ਡੁੱਬਦਾ ਹੀ ਹੈ)।
43160	1009	ਮਾਣਸ ਦਾਤਿ ਨ ਹੋਵਈ ਤੂ ਦਾਤਾ ਸਾਰਾ॥੭॥		Maanas Dhaath N Hovee Thoo Dhaathaa Saaraa ||7||	Mankind cannot give gifts; You alone are the Giver of everything. ||7||	ਹੇ ਪ੍ਰਭੂ! ਤੂੰ ਵੱਡਾ ਦਾਤਾ ਹੈਂ (ਸਭ ਦਾਤਾਂ ਦੇਂਦਾ ਹੈਂ), ਪਰ ਤੇਰੀਆਂ (ਮਾਇਕ) ਦਾਤਾਂ ਨਾਲ ਮਨੁੱਖਾਂ ਦੀ (ਮਾਇਆ ਵਲੋਂ) ਤ੍ਰਿਪਤੀ ਨਹੀਂ ਹੁੰਦੀ ॥੭॥
43161	1009	ਅਗਮ ਅਗੋਚਰੁ ਤੂ ਧਣੀ ਅਵਿਗਤੁ ਅਪਾਰਾ॥	ਅ-ਗੋਚਰੁ, ਅਵਿ-ਗਤੁ	Agam Agochar Thoo Dhhanee Avigath Apaaraa ||	You are inaccessible and unfathomable; O Lord, You are imperishable and infinite.	ਹੇ ਪ੍ਰਭੂ! ਤੂੰ ਅਗਮ ਹੈਂ, ਗਿਆਨ-ਇੰਦ੍ਰਿਆਂ ਦੀ ਤੇਰੇ ਤਕ ਪਹੁੰਚ ਨਹੀਂ ਹੋ ਸਕਦੀ, ਤੂੰ ਸਭ ਪਦਾਰਥਾਂ ਦਾ ਮਾਲਕ ਹੈਂ, ਤੂੰ ਅਦ੍ਰਿਸ਼ਟ ਹੈਂ, ਤੂੰ ਬੇਅੰਤ ਹੈਂ।
43162	1009	ਗੁਰ ਸਬਦੀ ਦਰੁ ਜੋਈਐ ਮੁਕਤੇ ਭੰਡਾਰਾ॥		Gur Sabadhee Dhar Joeeai Mukathae Bhanddaaraa ||	Through the Word of the Guru's Shabad, seeking at the Lord's Door, one finds the treasure of liberation.	ਜੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਤੇਰਾ ਦਰਵਾਜ਼ਾ ਭਾਲੀਏ ਤਾਂ (ਤੇਰੇ ਦਰ ਤੋਂ ਨਾਮ ਦਾ ਉਹ) ਖ਼ਜ਼ਾਨਾ ਮਿਲਦਾ ਹੈ ਜੋ (ਮਾਇਆ ਦੇ ਮੋਹ ਵਲੋਂ) ਖ਼ਲਾਸੀ ਦੇਂਦਾ ਹੈ।

43163	1009	ਨਾਨਕ ਮੇਲੁ ਨ ਚੂਕਈ ਸਾਚੇ ਵਾਪਾਰਾ॥੮॥੧॥		Naanak Mael N Chookee Saachae Vaapaaraa ||8||1||	O Nanak, this union is not broken, if one deals in the merchandise of Truth. ||8||1||	ਹੇ ਨਾਨਕ! (ਨਾਮ ਦਾ ਵਪਾਰ) ਸਦਾ-ਥਿਰ ਰਹਿਣ ਵਾਲਾ ਵਪਾਰ ਹੈ (ਇਸ ਵਪਾਰ ਦੀ ਬਰਕਤਿ ਨਾਲ ਜੀਵ-ਵਣਜਾਰੇ ਦਾ ਪਰਮਾਤਮਾ-ਸ਼ਾਹ ਨਾਲੋਂ ਕਦੇ) ਮਿਲਾਪ ਮੁੱਕਦਾ ਨਹੀਂ ॥੮॥੧॥
43164	1009	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
43165	1009	ਬਿਖੁ ਬੋਹਿਥਾ ਲਾਦਿਆ ਦੀਆ ਸਮੁੰਦ ਮੰਝਾਰਿ॥		Bikh Bohithhaa Laadhiaa Dheeaa Samundh Manjhaar ||	The boat is loaded with sin and corruption, and launched into the sea.	ਜਗਤ ਨੇ ਆਪਣੀ ਜ਼ਿੰਦਗੀ ਦਾ ਬੇੜਾ ਮਾਇਆ ਦੇ ਜ਼ਹਿਰ ਨਾਲ ਲੱਦਿਆ ਹੋਇਆ ਹੈ, ਤੇ ਇਸ ਨੂੰ ਸੰਸਾਰ-ਸਮੁੰਦਰ ਵਿਚ ਠੇਲ੍ਹ ਦਿੱਤਾ ਹੋਇਆ ਹੈ।
43166	1009	ਕੰਧੀ ਦਿਸਿ ਨ ਆਵਈ ਨਾ ਉਰਵਾਰੁ ਨ ਪਾਰੁ॥		Kandhhee Dhis N Aavee Naa Ouravaar N Paar ||	The shore cannot be seen on this side, nor on the shore beyond.	(ਸੰਸਾਰ ਦਾ) ਕੰਢਾ ਦਿੱਸਦਾ ਨਹੀਂ, ਨਾਹ ਉਰਲਾ ਕੰਢਾ ਨਾਹ ਪਾਰਲਾ।
43167	1009	ਵੰਝੀ ਹਾਥਿ ਨ ਖੇਵਟੂ ਜਲੁ ਸਾਗਰੁ ਅਸਰਾਲੁ॥੧॥		Vanjhee Haathh N Khaevattoo Jal Saagar Asaraal ||1||	There are no oars, nor any boatmen, to cross over the terrifying world-ocean. ||1||	ਨਾਹ ਹੀ (ਮੁਸਾਫ਼ਿਰ ਦੇ) ਹੱਥ ਵਿਚ ਵੰਝ ਹੈ, ਨਾਹ (ਬੇੜੇ ਨੂੰ ਚਲਾਣ ਵਾਲਾ ਕੋਈ) ਮਲਾਹ ਹੈ। (ਜਿਸ ਸਮੁੰਦਰ ਵਿਚੋਂ ਜਹਾਜ਼ ਲੰਘ ਰਿਹਾ ਹੈ ਉਹ) ਸਮੁੰਦਰ ਭਿਆਨਕ ਹੈ (ਉਸ ਦਾ ਠਾਠਾਂ ਮਾਰਦਾ) ਪਾਣੀ ਡਰਾਉਣਾ ਹੈ ॥੧॥
43168	1009	ਬਾਬਾ ਜਗੁ ਫਾਥਾ ਮਹਾ ਜਾਲਿ॥		Baabaa Jag Faathhaa Mehaa Jaal ||	O Baba, the world is caught in the great noose.	ਹੇ ਭਾਈ! ਜਗਤ (ਮਾਇਆ-ਮੋਹ ਦੇ) ਬੜੇ ਵੱਡੇ ਜਾਲ ਵਿਚ ਫਸਿਆ ਹੋਇਆ ਹੈ।

43169	1009	ਗੁਰ ਪਰਸਾਦੀ ਉਬਰੇ ਸਚਾ ਨਾਮੁ ਸਮਾਲਿ॥੧॥ਰਹਾਉ॥		Gur Parasaadhee Oubarae Sachaa Naam Samaal ||1|| Rehaao ||	By Guru's Grace, they are saved, contemplating the True Name. ||1||Pause||	(ਇਸ ਜਾਲ ਵਿਚੋਂ) ਜੀਊਂਦੇ ਉਹ ਨਿਕਲਦੇ ਹਨ ਜੋ ਗੁਰੂ ਦੀ ਮੇਹਰ ਨਾਲ ਸਦਾ-ਥਿਰ ਪਰਮਾਤਮਾ ਦਾ ਨਾਮ ਸੰਭਾਲਦੇ ਹਨ ॥੧॥ ਰਹਾਉ ॥
43170	1009	ਸਤਿਗੁਰੂ ਹੈ ਬੋਹਿਥਾ ਸਬਦਿ ਲੰਘਾਵਣਹਾਰੁ॥		Sathiguroo Hai Bohithhaa Sabadh Langhaavanehaar ||	The True Guru is the boat; the Word of the Shabad will carry them across.	ਗੁਰੂ ਜਹਾਜ਼ ਹੈ, ਗੁਰੂ ਆਪਣੇ ਸ਼ਬਦ ਦੀ ਰਾਹੀਂ (ਜੀਵ-ਮੁਸਾਫ਼ਿਰਾਂ ਨੂੰ ਸੰਸਾਰ-ਸਮੁੰਦਰ ਵਿਚੋਂ) ਪਾਰ ਲੰਘਾਣ ਦੇ ਸਮਰੱਥ ਹੈ।
43171	1009	ਤਿਥੈ ਪਵਣੁ ਨ ਪਾਵਕੋ ਨਾ ਜਲੁ ਨਾ ਆਕਾਰੁ॥		Thithhai Pavan N Paavako Naa Jal Naa Aakaar ||	There is neither wind nor fire, neither water nor form there.	(ਗੁਰੂ ਜਿਸ ਥਾਂ ਜਿਸ ਆਤਮਕ ਅਵਸਥਾ ਵਿਚ ਅਪੜਾ ਦੇਂਦਾ ਹੈ) ਉਥੇ ਨਾਹ ਹਵਾ ਨਾਹ ਅੱਗ ਨਾਹ ਪਾਣੀ ਨਾਹ ਇਹ ਸਭ ਕੁਝ ਜੋ ਦਿੱਸ ਰਿਹਾ ਹੈ (ਕੋਈ ਜ਼ੋਰ ਨਹੀਂ ਪਾ ਸਕਦਾ)।
43172	1009	ਤਿਥੈ ਸਚਾ ਸਚਿ ਨਾਇ ਭਵਜਲ ਤਾਰਣਹਾਰੁ॥੨॥	ਤਾਰਣ-ਹਾਰੁ	Thithhai Sachaa Sach Naae Bhavajal Thaaranehaar ||2||	The True Name of the True Lord is there; it carries them across the terrifying world-ocean. ||2||	ਉਸ ਅਵਸਥਾ ਵਿਚ ਅੱਪੜਿਆ ਜੀਵ ਸਦਾ-ਥਿਰ ਪ੍ਰਭੂ (ਨਾਲ ਇਕ-ਮਿਕ ਹੁੰਦਾ ਹੈ), ਉਸ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਲੀਨ ਹੁੰਦਾ ਹੈ ਜੋ ਜੀਵ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੀ ਤਾਕਤ ਰੱਖਦਾ ਹੈ ॥੨॥

43173	1009	ਗੁਰਮੁਖਿ ਲੰਘੇ ਸੇ ਪਾਰਿ ਪਏ ਸਚੇ ਸਿਉ ਲਿਵ ਲਾਇ॥		Guramukh Langhae Sae Paar Peae Sachae Sio Liv Laae ||	The Gurmukhs reach the shore beyond, lovingly focusing on the True Lord.	ਜੇਹੜੇ ਬੰਦੇ ਗੁਰੂ ਦੀ ਸਰਨ ਪੈ ਕੇ (ਇਸ ਸਮੁੰਦਰ ਵਿਚੋਂ) ਲੰਘਦੇ ਹਨ, ਉਹ ਸਦਾ-ਥਿਰ ਪਰਮਾਤਮਾ (ਦੇ ਚਰਨਾਂ) ਵਿਚ ਸੁਰਤ ਜੋੜ ਕੇ ਪਾਰਲੇ ਕੰਢੇ ਜਾ ਪਹੁੰਚਦੇ ਹਨ।
43174	1009	ਆਵਾ ਗਉਣੁ ਨਿਵਾਰਿਆ ਜੋਤੀ ਜੋਤਿ ਮਿਲਾਇ॥		Aavaa Goun Nivaariaa Jothee Joth Milaae ||	Their comings and goings are ended, and their light merges into the Light.	(ਗੁਰੂ) ਉਹਨਾਂ ਦੀ ਜੋਤਿ ਪ੍ਰਭੂ ਦੀ ਜੋਤਿ ਵਿਚ ਮਿਲਾ ਕੇ ਉਹਨਾਂ ਦਾ ਜਨਮ ਮਰਨ ਦਾ ਗੇੜ ਮੁਕਾ ਦੇਂਦਾ ਹੈ।
43175	1009	ਗੁਰਮਤੀ ਸਹਜੁ ਊਪਜੈ ਸਚੇ ਰਹੈ ਸਮਾਇ॥੩॥		Guramathee Sehaj Oopajai Sachae Rehai Samaae ||3||	Following the Guru's Teachings, intuitive peace wells up within them, and they remain merged in the True Lord. ||3||	ਗੁਰੂ ਦੀ ਸਿੱਖਿਆ ਲੈ ਕੇ ਜਿਸ ਮਨੁੱਖ ਦੇ ਅੰਦਰ ਅਡੋਲ ਆਤਮਕ ਅਵਸਥਾ ਪੈਦਾ ਹੁੰਦੀ ਹੈ ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ ॥੩॥
43176	1009	ਸਪੁ ਪਿੜਾਈ ਪਾਈਐ ਬਿਖੁ ਅੰਤਰਿ ਮਨਿ ਰੋਸੁ॥	ਸੱਪੁ	Sap Pirraaee Paaeeai Bikh Anthar Man Ros ||	The snake may be locked in a basket, but it is still poisonous, and the anger within its mind remains.	ਜੇ ਸੱਪ ਨੂੰ ਪਟਾਰੀ ਵਿਚ ਪਾ ਦੇਈਏ ਤਾਂ ਉਸ ਦਾ ਜ਼ਹਿਰ ਉਸ ਦੇ ਅੰਦਰ ਹੀ ਟਿਕਿਆ ਰਹਿੰਦਾ ਹੈ (ਦੂਜਿਆਂ ਨੂੰ ਡੰਗ ਮਾਰਨ ਲਈ) ਗੁੱਸਾ ਭੀ ਉਸ ਦੇ ਮਨ ਵਿਚ ਮੌਜੂਦ ਰਹਿੰਦਾ ਹੈ (ਮਨੁੱਖ ਦਾ ਮਨ, ਮਾਨੋ, ਸੱਪ ਹੈ।

43177	1009	ਪੂਰਬਿ ਲਿਖਿਆ ਪਾਈਐ ਕਿਸ ਨੋ ਦੀਜੈ ਦੋਸੁ॥		Poorab Likhiaa Paaeeai Kis No Dheejai Dhos ||	One obtains what is pre-ordained; why does he blame others?	ਕਿਸੇ ਧਾਰਮਿਕ ਭੇਸ ਨਾਲ ਮਨ ਦਾ ਮੰਦਾ ਸੁਭਾਉ ਬਦਲ ਨਹੀਂ ਸਕਦਾ), ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦੇ ਸੰਗ੍ਰਹਿ ਦਾ ਫਲ ਭੋਗਣਾ ਹੀ ਪੈਂਦਾ ਹੈ, ਕਿਸੇ ਜੀਵ ਨੂੰ (ਉਸ ਦੀ ਕਿਸੇ ਕੀਤੀ ਬੁਰਾਈ ਬਾਰੇ) ਦੋਸ ਨਹੀਂ ਦਿੱਤਾ ਜਾ ਸਕਦਾ।
43178	1009	ਗੁਰਮੁਖਿ ਗਾਰੜੁ ਜੇ ਸੁਣੇ ਮੰਨੇ ਨਾਉ ਸੰਤੋਸੁ॥੪॥		Guramukh Gaararr Jae Sunae Mannae Naao Santhos ||4||	If one, as Gurmukh, hears and believes in the Name, the charm against poison, his mind becomes content. ||4||	ਜੇ ਮਨੁੱਖ ਗੁਰੂ ਦੀ ਸਰਨ ਪੈ ਕੇ (ਮਨ-ਸੱਪ ਨੂੰ ਵੱਸ ਕਰਨ ਵਾਲਾ) ਗਾਰੜ ਮੰਤਰ (ਗੁਰੂ ਤੋਂ) ਸੁਣ ਲਏ, ਪਰਮਾਤਮਾ ਦਾ ਨਾਮ ਸੁਣਨ ਦੀ ਗੇਝ ਪਾ ਲਏ ਤਾਂ ਉਸ ਦੇ ਅੰਦਰ ਸ਼ਾਂਤੀ ਠੰਢ ਪੈਦਾ ਹੋ ਜਾਂਦੀ ਹੈ ॥੪॥
43179	1009	ਮਾਗਰਮਛੁ ਫਹਾਈਐ ਕੁੰਡੀ ਜਾਲੁ ਵਤਾਇ॥		Maagaramashh Fehaaeeai Kunddee Jaal Vathaae ||	The crocodile is caught by the hook and line;	(ਦਰਿਆ ਵਿਚ) ਜਾਲ ਪਾ ਕੇ ਕੁੰਡੀ ਨਾਲ ਮਗਰਮੱਛ ਫਸਾ ਲਈਦਾ ਹੈ,
43180	1009	ਦੁਰਮਤਿ ਫਾਥਾ ਫਾਹੀਐ ਫਿਰਿ ਫਿਰਿ ਪਛੋਤਾਇ॥		Dhuramath Faathhaa Faaheeai Fir Fir Pashhothaae ||	Caught in the trap of evil-mindedness, he regrets and repents, again and again.	ਤਿਵੇਂ ਭੈੜੀ ਮੱਤ ਵਿਚ ਫਸਿਆ ਜੀਵ ਮਾਇਆ ਦੇ ਮੋਹ ਵਿਚ ਕਾਬੂ ਆ ਜਾਂਦਾ ਹੈ (ਵਿਕਾਰ ਕਰਦਾ ਹੈ ਤੇ) ਮੁੜ ਮੁੜ ਪਛੁਤਾਂਦਾ (ਭੀ) ਹੈ।

43181	1009	ਜੰਮਣ ਮਰਣੁ ਨ ਸੁਝਈ ਕਿਰਤੁ ਨ ਮੇਟਿਆ ਜਾਇ॥੫॥		Janman Maran N Sujhee Kirath N Maettiaa Jaae ||5||	He does not understand birth and death; the inscription of one's past actions cannot be erased. ||5||	ਉਸ ਨੂੰ ਇਹ ਸੁੱਝਦਾ ਹੀ ਨਹੀਂ ਕਿ (ਇਹਨਾਂ ਵਿਕਾਰਾਂ ਦੇ ਕਾਰਨ) ਜਨਮ ਮਰਨ ਦਾ ਗੇੜ ਵਿਆਪੇਗਾ। (ਪਰ ਉਸ ਦੇ ਭੀ ਕੀਹ ਵੱਸ? ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ (ਜੋ ਜੀਵ ਦੇ ਮਨ ਵਿਚ ਮੌਜੂਦ ਰਹਿੰਦਾ ਹੈ) ਮਿਟਾਇਆ ਨਹੀਂ ਜਾ ਸਕਦਾ ॥੫॥
43182	1009	ਹਉਮੈ ਬਿਖੁ ਪਾਇ ਜਗਤੁ ਉਪਾਇਆ ਸਬਦੁ ਵਸੈ ਬਿਖੁ ਜਾਇ॥	ਜੱਗਤੁ	Houmai Bikh Paae Jagath Oupaaeiaa Sabadh Vasai Bikh Jaae ||	Injecting the poison of egotism, the world was created; with the Shabad enshrined within, the poison is eliminated.	ਕਰਤਾਰ ਨੇ ਜੀਵਾਂ ਦੇ ਅੰਦਰ ਹਉਮੈ ਦਾ ਜ਼ਹਿਰ ਪਾ ਕੇ ਜਗਤ ਪੈਦਾ ਕਰ ਦਿੱਤਾ ਹੈ। ਜਿਸ ਜੀਵ ਦੇ ਹਿਰਦੇ ਵਿਚ ਗੁਰੂ ਦਾ ਸ਼ਬਦ ਵੱਸ ਪੈਂਦਾ ਹੈ ਉਸ ਦਾ ਇਹ ਜ਼ਹਿਰ ਦੂਰ ਹੋ ਜਾਂਦਾ ਹੈ।
43183	1009	ਜਰਾ ਜੋਹਿ ਨ ਸਕਈ ਸਚਿ ਰਹੈ ਲਿਵ ਲਾਇ॥		Jaraa Johi N Sakee Sach Rehai Liv Laae ||	Old age cannot torment one who remains lovingly absorbed in the True Lord.	(ਉਹ ਇਕ ਐਸੀ ਆਤਮਕ ਅਵਸਥਾ ਤੇ ਪਹੁੰਚਦਾ ਹੈ ਜਿਸ ਨੂੰ) ਬੁਢੇਪਾ ਪੋਹ ਨਹੀਂ ਸਕਦਾ, ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਸੁਰਤ ਜੋੜੀ ਰੱਖਦਾ ਹੈ।
43184	1009	ਜੀਵਨ ਮੁਕਤੁ ਸੋ ਆਖੀਐ ਜਿਸੁ ਵਿਚਹੁ ਹਉਮੈ ਜਾਇ॥੬॥		Jeevan Mukath So Aakheeai Jis Vichahu Houmai Jaae ||6||	He alone is called Jivan-Mikta, liberated while yet alive, from within whom egotism is eradicated. ||6||	ਜਿਸ ਮਨੁੱਖ ਦੇ ਅੰਦਰੋਂ ਹਉਮੈ ਦੂਰ ਹੋ ਜਾਏ ਉਸ ਦੀ ਬਾਬਤ ਕਹਿ ਸਕੀਦਾ ਹੈ ਕਿ ਉਹ ਸੰਸਾਰਕ ਜੀਵਨ ਜੀਊਂਦਿਆਂ ਹੀ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਹੈ ॥੬॥

43185	1010	ਧੰਧੈ ਧਾਵਤ ਜਗੁ ਬਾਧਿਆ ਨਾ ਬੂਝੈ ਵੀਚਾਰੁ॥		Dhhandhhai Dhhaavath Jag Baadhhiaa Naa Boojhai Veechaar ||	The world is chasing after worldly affairs; caught and bound, it does not understand contemplative meditation.	ਦੁਨੀਆ ਦੇ ਕਾਰ-ਵਿਹਾਰ ਵਿਚ ਦੌੜ-ਭੱਜ ਕਰਦਾ ਕਰਦਾ ਮਨੁੱਖ ਮਾਇਆ ਦੇ ਮੋਹ ਵਿਚ ਬੱਝ ਜਾਂਦਾ ਹੈ, ਉਹ (ਇਸ ਵਿਚੋਂ ਨਿਕਲਣ ਦੀ ਕੋਈ) ਸੋਚ ਸੋਚ ਹੀ ਨਹੀਂ ਸਕਦਾ।
43186	1010	ਜੰਮਣ ਮਰਣੁ ਵਿਸਾਰਿਆ ਮਨਮੁਖ ਮੁਗਧੁ ਗਵਾਰੁ॥		Janman Maran Visaariaa Manamukh Mugadhh Gavaar ||	The foolish, ignorant, self-willed manmukh has forgotten birth and death.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਅਜੇਹਾ ਮੂਰਖ ਤੇ ਬੁੱਧੂ ਬਣ ਜਾਂਦਾ ਹੈ ਕਿ ਉਹ ਜਨਮ ਮਰਨ ਦਾ ਗੇੜ ਭੁਲਾ ਹੀ ਬੈਠਦਾ ਹੈ।
43187	1010	ਗੁਰਿ ਰਾਖੇ ਸੇ ਉਬਰੇ ਸਚਾ ਸਬਦੁ ਵੀਚਾਰਿ॥੭॥		Gur Raakhae Sae Oubarae Sachaa Sabadh Veechaar ||7||	Those whom the Guru has protected are saved, contemplating the True Word of the Shabad. ||7||	ਜਿਨ੍ਹਾਂ ਦੀ ਰੱਖਿਆ ਗੁਰੂ ਨੇ ਕੀਤੀ, ਉਹ ਸੱਚੇ ਸ਼ਬਦ ਨੂੰ ਸੋਚ-ਮੰਡਲ ਵਿਚ ਵਸਾ ਕੇ (ਮੋਹ ਦੀ ਜੇਵੜੀ ਵਿਚੋਂ) ਬਚ ਨਿਕਲੇ ॥੭॥
43188	1010	ਸੂਹਟੁ ਪਿੰਜਰਿ ਪ੍ਰੇਮ ਕੈ ਬੋਲੈ ਬੋਲਣਹਾਰੁ॥		Soohatt Pinjar Praem Kai Bolai Bolanehaar ||	In the cage of divine love, the parrot, speaks.	(ਤੋਤਾ ਆਪਣੇ ਮਾਲਕ ਦੇ ਪਿੰਜਰੇ ਵਿਚ ਪੈ ਕੇ ਉਹੀ ਬੋਲੀ ਬੋਲਦਾ ਹੈ ਜੋ ਮਾਲਕ ਸਿਖਾਂਦਾ ਹੈ, ਮਾਲਕ ਉਹ ਬੋਲੀ ਸੁਣ ਕੇ ਤੋਤੇ ਉਤੇ ਖ਼ੁਸ਼ ਹੁੰਦਾ ਹੈ) ਜੇਹੜਾ ਜੀਵ-ਤੋਤਾ ਪ੍ਰਭੂ ਦੇ ਪ੍ਰੇਮ ਦੇ ਪਿੰਜਰੇ ਵਿਚ ਪੈ ਕੇ ਉਹ ਬੋਲ ਬੋਲਦਾ ਹੈ ਜੋ ਇਸ ਦੇ ਅੰਦਰ ਬੋਲਣਹਾਰ ਪ੍ਰਭੂ ਨੂੰ ਪਸੰਦ ਹੈ,

43189	1010	ਸਚੁ ਚੁਗੈ ਅੰਮ੍ਰਿਤੁ ਪੀਐ ਉਡੈ ਤ ਏਕਾ ਵਾਰ॥	ਚੁਗੈ: ਪੋਲਾ ਬੋਲੋ	Sach Chugai Anmrith Peeai Ouddai Th Eaekaa Vaar ||	It pecks at the Truth, and drinks in the Ambrosial Nectar; it flies away, only once.	ਤਾਂ ਉਹ ਜੀਵ-ਤੋਤਾ ਸਦਾ-ਥਿਰ ਨਾਮ ਦੀ ਚੋਗ ਚੁਗਦਾ ਹੈ ਨਾਮ-ਅੰਮ੍ਰਿਤ ਪੀਂਦਾ ਹੈ। (ਸਰੀਰ-ਪਿੰਜਰੇ ਨੂੰ ਸਦਾ ਲਈ) ਇਕੋ ਵਾਰੀ ਹੀ ਤਿਆਗ ਜਾਂਦਾ ਹੈ (ਮੁੜ ਮੁੜ ਜਨਮ ਮਰਨ ਵਿਚ ਨਹੀਂ ਪੈਂਦਾ)।
43190	1010	ਗੁਰਿ ਮਿਲਿਐ ਖਸਮੁ ਪਛਾਣੀਐ ਕਹੁ ਨਾਨਕ ਮੋਖ ਦੁਆਰੁ॥੮॥੨॥		Gur Miliai Khasam Pashhaaneeai Kahu Naanak Mokh Dhuaar ||8||2||	Meeting with the Guru, one recognizes his Lord and Master; says Nanak, he finds the gate of liberation. ||8||2||	ਨਾਨਕ ਆਖਦਾ ਹੈ- ਜੇ ਗੁਰੂ ਮਿਲ ਪਏ ਤਾਂ ਖਸਮ-ਪਰਮਾਤਮਾ ਨਾਲ ਡੂੰਘੀ ਸਾਂਝ ਪੈ ਜਾਂਦੀ ਹੈ, ਤੇ ਮਾਇਆ ਦੇ ਮੋਹ ਤੋਂ ਖ਼ਲਾਸੀ ਦਾ ਦਰਵਾਜ਼ਾ ਲੱਭ ਪੈਂਦਾ ਹੈ ॥੮॥੨॥
43191	1010	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
43192	1010	ਸਬਦਿ ਮਰੈ ਤਾ ਮਾਰਿ ਮਰੁ ਭਾਗੋ ਕਿਸੁ ਪਹਿ ਜਾਉ॥		Sabadh Marai Thaa Maar Mar Bhaago Kis Pehi Jaao ||	One who dies in the Word of the Shabad conquers death; otherwise, where can you run?	(ਜਦੋਂ ਮਨੁੱਖ ਗੁਰੂ ਦੇ) ਸ਼ਬਦ ਵਿਚ (ਜੁੜ ਕੇ) ਆਪਾ-ਭਾਵ ਤੋਂ ਮਰਦਾ ਹੈ ਤਦੋਂ ਉਹ ਮੌਤ ਦੇ ਡਰ ਨੂੰ ਮਾਰ ਲੈਂਦਾ ਹੈ। (ਉਂਞ ਮੌਤ ਤੋਂ) ਭੱਜ ਕੇ ਮੈਂ ਕਿਸ ਦੇ ਪਾਸ ਜਾ ਸਕਦਾ ਹਾਂ?
43193	1010	ਜਿਸ ਕੈ ਡਰਿ ਭੈ ਭਾਗੀਐ ਅੰਮ੍ਰਿਤੁ ਤਾ ਕੋ ਨਾਉ॥		Jis Kai Ddar Bhai Bhaageeai Anmrith Thaa Ko Naao ||	Through the Fear of God, fear runs away; His Name is Ambrosial Nectar.	ਜਿਸ ਪਰਮਾਤਮਾ ਦੇ ਡਰ ਵਿਚ ਰਿਹਾਂ ਅਦਬ ਵਿਚ ਰਿਹਾਂ (ਮੌਤ ਦੇ ਡਰ ਤੋਂ) ਬਚ ਸਕੀਦਾ ਹੈ (ਉਸ ਦਾ ਨਾਮ ਜਪਣਾ ਚਾਹੀਦਾ ਹੈ), ਉਸ ਦਾ ਨਾਮ ਅਟੱਲ ਆਤਮਕ ਜੀਵਨ ਦੇਣ ਵਾਲਾ ਹੈ।

43194	1010	ਮਾਰਹਿ ਰਾਖਹਿ ਏਕੁ ਤੂ ਬੀਜਉ ਨਾਹੀ ਥਾਉ॥੧॥	ਬੀਜਉ	Maarehi Raakhehi Eaek Thoo Beejo Naahee Thhaao ||1||	You alone kill and protect; except for You, there is no place at all. ||1||	ਹੇ ਪ੍ਰਭੂ! ਤੂੰ ਆਪ ਹੀ ਮਾਰਦਾ ਹੈਂ ਤੂੰ ਆਪ ਹੀ ਰੱਖਿਆ ਕਰਦਾ ਹੈਂ। ਤੈਥੋਂ ਬਿਨਾ ਹੋਰ ਕੋਈ ਥਾਂ ਨਹੀਂ (ਜੋ ਮਾਰ ਸਕੇ ਜਾਂ ਮੌਤ ਤੋਂ ਬਚਾ ਸਕੇ) ॥੧॥
43195	1010	ਬਾਬਾ ਮੈ ਕੁਚੀਲੁ ਕਾਚਉ ਮਤਿ ਹੀਨ॥		Baabaa Mai Kucheel Kaacho Mathiheen ||	O Baba, I am filthy, shallow and totally without understanding.	ਹੇ ਪ੍ਰਭੂ! (ਤੇਰੇ ਨਾਮ ਤੋਂ ਬਿਨਾ) ਮੈਂ ਗੰਦਾ ਹਾਂ, ਕਮਜ਼ੋਰ-ਦਿਲ ਹਾਂ, ਅਕਲ ਤੋਂ ਸੱਖਣਾ ਹਾਂ।
43196	1010	ਨਾਮ ਬਿਨਾ ਕੋ ਕਛੁ ਨਹੀ ਗੁਰਿ ਪੂਰੈ ਪੂਰੀ ਮਤਿ ਕੀਨ॥੧॥ਰਹਾਉ॥		Naam Binaa Ko Kashh Nehee Gur Poorai Pooree Math Keen ||1|| Rehaao ||	Without the Naam, no one is anything; the Perfect Guru has made my intellect perfect. ||1||Pause||	ਤੇਰੇ ਨਾਮ ਤੋਂ ਬਿਨਾ ਕੋਈ ਭੀ ਜੀਵ ਕਾਸੇ ਜੋਗਾ ਨਹੀਂ ਹੈ (ਅਕਲੋਂ ਖ਼ਾਲੀ ਹੈ)। (ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪਿਆ) ਪੂਰੇ ਗੁਰੂ ਨੇ ਉਸ ਨੂੰ ਉਹ ਮੱਤ ਦੇ ਦਿੱਤੀ ਜਿਸ ਨਾਲ ਉਹ ਜੀਵਨ-ਸਫ਼ਰ ਵਿਚ ਉਕਾਈ ਨਾਹ ਖਾਏ ॥੧॥ ਰਹਾਉ ॥
43197	1010	ਅਵਗਣਿ ਸੁਭਰ ਗੁਣ ਨਹੀ ਬਿਨੁ ਗੁਣ ਕਿਉ ਘਰਿ ਜਾਉ॥	ਸੁੱਭਰ	Avagan Subhar Gun Nehee Bin Gun Kio Ghar Jaao ||	I am full of faults, and I have no virtue at all. Without virtues, how can I go home?	(ਪ੍ਰਭੂ ਦੇ ਨਾਮ ਤੋਂ ਖੁੰਝ ਕੇ) ਮੈਂ ਔਗੁਣ ਨਾਲ ਨਕਾ-ਨਕ ਭਰ ਜਾਂਦਾ ਹਾਂ, ਮੇਰੇ ਵਿਚ ਗੁਣ ਨਹੀਂ ਪੈਦਾ ਹੁੰਦੇ, ਤੇ ਗੁਣਾਂ ਤੋਂ ਬਿਨਾ ਮੈਂ (ਪਰਮਾਤਮਾ ਦੇ) ਦੇਸ ਵਿਚ ਕਿਵੇਂ ਪਹੁੰਚ ਸਕਦਾ ਹਾਂ?

43198	1010	ਸਹਜਿ ਸਬਦਿ ਸੁਖੁ ਊਪਜੈ ਬਿਨੁ ਭਾਗਾ ਧਨੁ ਨਾਹਿ॥		Sehaj Sabadh Sukh Oopajai Bin Bhaagaa Dhhan Naahi ||	Through the Word of the Shabad, intuitive peace wells up; without good destiny, the wealth is not obtained.	ਜੇਹੜਾ ਮਨੁੱਖ ਅਡੋਲ ਆਤਮਕ ਅਵਸਥਾ ਵਿਚ ਟਿਕਦਾ ਹੈ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ ਉਸ ਦੇ ਅੰਦਰ ਆਤਮਕ ਆਨੰਦ ਪੈਦਾ ਹੁੰਦਾ ਹੈ, ਪਰ ਇਹ ਨਾਮ-ਧਨ ਕਿਸਮਤ ਤੋਂ ਬਿਨਾ ਨਹੀਂ ਮਿਲਦਾ।
43199	1010	ਜਿਨ ਕੈ ਨਾਮੁ ਨ ਮਨਿ ਵਸੈ ਸੇ ਬਾਧੇ ਦੂਖ ਸਹਾਹਿ॥੨॥		Jin Kai Naam N Man Vasai Sae Baadhhae Dhookh Sehaahi ||2||	Those whose minds are not filled with the Naam are bound and gagged, and suffer in pain. ||2||	ਜਿਨ੍ਹਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ ਨਹੀਂ ਵੱਸਦਾ, ਉਹ ਔਗੁਣਾਂ ਦੇ ਬੱਧੇ ਹੋਏ ਦੁੱਖ ਸਹਾਰਦੇ ਹਨ ॥੨॥
43200	1010	ਜਿਨੀ ਨਾਮੁ ਵਿਸਾਰਿਆ ਸੇ ਕਿਤੁ ਆਏ ਸੰਸਾਰਿ॥		Jinee Naam Visaariaa Sae Kith Aaeae Sansaar ||	Those who have forgotten the Naam - why have they even come into the world?	ਜਿਨ੍ਹਾਂ ਬੰਦਿਆਂ ਨੇ ਪਰਮਾਤਮਾ ਦਾ ਨਾਮ ਭੁਲਾ ਦਿੱਤਾ ਉਹ ਸੰਸਾਰ ਵਿਚ ਕਾਹਦੇ ਲਈ ਆਏ?
43201	1010	ਆਗੈ ਪਾਛੈ ਸੁਖੁ ਨਹੀ ਗਾਡੇ ਲਾਦੇ ਛਾਰੁ॥		Aagai Paashhai Sukh Nehee Gaaddae Laadhae Shhaar ||	Here and hereafter, they do not find any peace; they have loaded their carts with ashes.	ਉਹਨਾਂ ਨੂੰ ਨਾਹ ਪਰਲੋਕ ਵਿਚ ਸੁਖ, ਨਾਹ ਇਸ ਲੋਕ ਵਿਚ ਸੁਖ, ਉਹ ਤਾਂ ਸੁਆਹ ਦੇ ਲੱਦੇ ਹੋਏ ਗੱਡੇ ਹਨ (ਉਹਨਾਂ ਦੇ ਸਰੀਰ ਵਿਕਾਰਾਂ ਨਾਲ ਭਰੇ ਹੋਏ ਹਨ)।

43202	1010	ਵਿਛੁੜਿਆ ਮੇਲਾ ਨਹੀ ਦੂਖੁ ਘਣੋ ਜਮ ਦੁਆਰਿ॥੩॥		Vishhurriaa Maelaa Nehee Dhookh Ghano Jam Dhuaar ||3||	Those who are separated, do not meet with the Lord; they suffer in terrible pain at Death's Door. ||3||	ਉਹ ਪਰਮਾਤਮਾ ਤੋਂ ਵਿਛੁੜੇ ਹੋਏ ਹਨ, ਪਰਮਾਤਮਾ ਨਾਲ ਉਹਨਾਂ ਨੂੰ ਮਿਲਾਪ ਨਸੀਬ ਨਹੀਂ ਹੁੰਦਾ, ਉਹ ਜਮਰਾਜ ਦੇ ਡਰ ਤੇ ਡਾਢਾ ਦੁੱਖ ਸਹਾਰਦੇ ਹਨ ॥੩॥
43203	1010	ਅਗੈ ਕਿਆ ਜਾਣਾ ਨਾਹਿ ਮੈ ਭੂਲੇ ਤੂ ਸਮਝਾਇ॥		Agai Kiaa Jaanaa Naahi Mai Bhoolae Thoo Samajhaae ||	I do not know what will happen in the world hereafter; I am so confused - please teach me, Lord!	ਹੇ ਪ੍ਰਭੂ! ਮੈਨੂੰ ਇਹ ਸਮਝ ਨਹੀਂ ਕਿ ਤੇਰੇ ਨਾਮ ਤੋਂ ਖੁੰਝ ਕੇ ਜੀਵਨ-ਸਫ਼ਰ ਵਿਚ ਮੇਰੇ ਨਾਲ ਕਿਹੀ ਵਾਪਰੇਗੀ।
43204	1010	ਭੂਲੇ ਮਾਰਗੁ ਜੋ ਦਸੇ ਤਿਸ ਕੈ ਲਾਗਉ ਪਾਇ॥	ਦੱਸੇ	Bhoolae Maarag Jo Dhasae This Kai Laago Paae ||	I am confused; I would fall at the feet of one who shows me the Way.	ਮੈਨੂੰ ਭੁੱਲੇ ਹੋਏ ਨੂੰ, ਹੇ ਪ੍ਰਭੂ! ਤੂੰ ਆਪ ਅਕਲ ਦੇਹ। ਮੈਨੂੰ ਕੁਰਾਹੇ ਪਏ ਹੋਏ ਨੂੰ ਜੇਹੜਾ ਕੋਈ ਰਸਤਾ ਦੱਸੇਗਾ, ਮੈਂ ਉਸ ਦੇ ਪੈਰੀਂ ਲੱਗਾਂਗਾ।
43205	1010	ਗੁਰ ਬਿਨੁ ਦਾਤਾ ਕੋ ਨਹੀ ਕੀਮਤਿ ਕਹਣੁ ਨ ਜਾਇ॥੪॥		Gur Bin Dhaathaa Ko Nehee Keemath Kehan N Jaae ||4||	Without the Guru, there is no giver at all; His value cannot be described. ||4||	(ਸਹੀ ਰਸਤੇ ਦੀ) ਦਾਤ ਦੇਣ ਵਾਲਾ ਗੁਰੂ ਤੋਂ ਬਿਨਾ ਹੋਰ ਕੋਈ ਨਹੀਂ ਹੈ, ਗੁਰੂ ਦੀ ਬਖ਼ਸ਼ੀ ਇਸ ਦਾਤ ਦਾ ਮੁੱਲ ਪਾਇਆ ਨਹੀਂ ਜਾ ਸਕਦਾ ॥੪॥

43206	1010	ਸਾਜਨੁ ਦੇਖਾ ਤਾ ਗਲਿ ਮਿਲਾ ਸਾਚੁ ਪਠਾਇਓ ਲੇਖੁ॥		Saajan Dhaekhaa Thaa Gal Milaa Saach Pathaaeiou Laekh ||	If I see my friend, then I will embrace Him; I have sent Him the letter of Truth.	(ਗੁਰੂ ਦੀ ਸਰਨ ਪੈ ਕੇ) ਮੈਂ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰ ਰਹੀ ਹਾਂ, ਇਹ ਸਿਮਰਨ-ਰੂਪ ਚਿੱਠੀ ਮੈਂ (ਪ੍ਰਭੂ-ਪਤੀ ਨੂੰ) ਭੇਜੀ ਹੈ, ਜਦੋਂ ਉਸ ਸੱਜਣ-ਪ੍ਰਭੂ ਦਾ ਮੈਂ ਦਰਸਨ ਕਰਾਂਗੀ ਤਾਂ ਮੈਂ ਉਸ ਦੇ ਗਲ ਨਾਲ ਲੱਗ ਜਾਵਾਂਗੀ।
43207	1010	ਮੁਖਿ ਧਿਮਾਣੈ ਧਨ ਖੜੀ ਗੁਰਮੁਖਿ ਆਖੀ ਦੇਖੁ॥	(ਧਿਮਾਣੈ) ਉਦਾਸ,ਖੜ੍ਹੀ	Mukh Dhhimaanai Dhhan Kharree Guramukh Aakhee Dhaekh ||	His soul-bride stands waiting expectantly; as Gurmukh, I see Him with my eyes.	(ਪ੍ਰਭੂ ਦੀ ਯਾਦ ਤੋਂ ਖੁੰਝ ਕੇ) ਹੇ ਨਿਮੋ-ਝੂਣ ਖਲੋਤੀ ਜੀਵ-ਇਸਤ੍ਰੀ! ਤੂੰ ਭੀ ਗੁਰੂ ਦੀ ਸਰਨ ਪਉ, ਤੇ ਆਪਣੀ ਅੱਖੀਂ ਉਸ ਦਾ ਦਰਸ਼ਨ ਕਰ ਲੈ।
43208	1010	ਤੁਧੁ ਭਾਵੈ ਤੂ ਮਨਿ ਵਸਹਿ ਨਦਰੀ ਕਰਮਿ ਵਿਸੇਖੁ॥੫॥		Thudhh Bhaavai Thoo Man Vasehi Nadharee Karam Visaekh ||5||	By the Pleasure of Your Will, You abide in my mind, and bless me with Your Glance of Grace. ||5||	(ਪਰ, ਹੇ ਪ੍ਰਭੂ! ਸਾਡੇ ਜੀਵਾਂ ਦੇ ਕੀਹ ਵੱਸ?) ਜੇ ਤੈਨੂੰ ਚੰਗਾ ਲੱਗੇ ਤਾਂ ਤੂੰ ਜੀਵਾਂ ਦੇ ਮਨ ਵਿਚ ਆ ਪਰਗਟਦਾ ਹੈਂ, ਤੇਰੀ ਮੇਹਰ ਦੀ ਨਿਗਾਹ ਨਾਲ ਤੇਰੀ ਬਖ਼ਸ਼ਸ਼ ਨਾਲ ਤੇਰੇ ਦਰਸਨ ਦੀ ਵਡਿਆਈ ਮਿਲਦੀ ਹੈ ॥੫॥
43209	1010	ਭੂਖ ਪਿਆਸੋ ਜੇ ਭਵੈ ਕਿਆ ਤਿਸੁ ਮਾਗਉ ਦੇਇ॥		Bhookh Piaaso Jae Bhavai Kiaa This Maago Dhaee ||	One who is wandering hungry and thirsty - what can he give, and what can anyone ask from him?	ਜੇ ਕੋਈ ਮਨੁੱਖ ਆਪ ਹੀ (ਮਾਇਆ ਦੇ ਮੋਹ ਵਿਚ) ਭੁੱਖਾ ਤਿਹਾਇਆ ਭਟਕ ਰਿਹਾ ਹੋਵੇ, ਮੈਂ ਉਸ ਪਾਸੋਂ ਕੀਹ (ਨਾਮ ਦੀ ਦਾਤਿ) ਮੰਗ ਸਕਦਾ ਹਾਂ? ਉਹ ਮੈਨੂੰ ਕੀਹ ਦੇ ਸਕਦਾ ਹੈ?

43210	1010	ਬੀਜਉ ਸੂਝੈ ਕੋ ਨਹੀ ਮਨਿ ਤਨਿ ਪੂਰਨੁ ਦੇਇ॥		Beejo Soojhai Ko Nehee Man Than Pooran Dhaee ||	I cannot conceive of any other, who can bless my mind and body with perfection.	ਮੈਨੂੰ ਤਾਂ ਹੋਰ ਕੋਈ (ਦਾਤਾ) ਨਹੀਂ ਸੁੱਝਦਾ, (ਹਾਂ,) ਉਹੀ ਪਰਮਾਤਮਾ ਦੇ ਸਕਦਾ ਹੈ ਜੋ ਜੀਵਾਂ ਦੇ ਮਨ ਵਿਚ ਤਨ ਵਿਚ ਭਰਪੂਰ ਹੈ।
43211	1010	ਜਿਨਿ ਕੀਆ ਤਿਨਿ ਦੇਖਿਆ ਆਪਿ ਵਡਾਈ ਦੇਇ॥੬॥		Jin Keeaa Thin Dhaekhiaa Aap Vaddaaee Dhaee ||6||	The One who created me takes care of me; He Himself blesses me with glory. ||6||	ਜਿਸ ਪਰਮਾਤਮਾ ਨੇ ਇਹ ਜਗਤ ਰਚਿਆ ਹੈ ਉਸ ਨੇ ਆਪ ਹੀ ਇਸ ਦੀ ਸੰਭਾਲ ਭੀ ਕਰਨੀ ਹੈ। ਉਹ ਆਪ ਹੀ ਆਪਣੇ (ਨਾਮ ਦੀ ਦਾਤ ਦੀ) ਵਡਿਆਈ ਦੇਂਦਾ ਹੈ ॥੬॥
43212	1010	ਨਗਰੀ ਨਾਇਕੁ ਨਵਤਨੋ ਬਾਲਕੁ ਲੀਲ ਅਨੂਪੁ॥	ਨੱਗਰੀ	Nagaree Naaeik Navathano Baalak Leel Anoop ||	In the body-village is my Lord and Master, whose body is ever-new, Innocent and child-like, incomparably playful.	ਪਰਮਾਤਮਾ ਇਹਨਾਂ ਸਰੀਰਾਂ ਦਾ ਮਾਲਕ ਹੈ, (ਜੀਵਾਂ ਨੂੰ ਪਿਆਰ ਕਰਨ ਵਿਚ ਉਹ ਹਰ ਵੇਲੇ) ਨਵਾਂ ਹੈ, ਬਾਲਕ (ਵਾਂਗ ਉਹ ਨਿਰਵੈਰ) ਹੈ, ਉਹ ਅਨੋਖੇ ਕੌਤਕ ਕਰਨਹਾਰ ਹੈ।
43213	1010	ਨਾਰਿ ਨ ਪੁਰਖੁ ਨ ਪੰਖਣੂ ਸਾਚਉ ਚਤੁਰੁ ਸਰੂਪੁ॥	(ਪੰਖਣੂ) ਪੰਛੀ। (ਦੂਜਾ ਪਾਠ: ਨਪੰਖਣੂ)	Naar N Purakh N Pankhanoo Saacho Chathur Saroop ||	He is neither a woman, nor a man, nor a bird; the True Lord is so wise and beautiful.	ਪਰਮਾਤਮਾ ਸਦਾ-ਥਿਰ ਰਹਿਣ ਵਾਲਾ ਹੈ, ਅਕਲ ਦਾ ਪੁੰਜ ਹੈ, (ਇਸਤ੍ਰੀ ਮਰਦ ਪੰਛੀ ਆਦਿਕ ਸਭਨਾਂ ਵਿਚ ਮੌਜੂਦ ਹੈ) ਪਰ ਉਹ ਕੋਈ ਖ਼ਾਸ ਇਸਤ੍ਰੀ ਨਹੀਂ, ਕੋਈ ਖ਼ਾਸ ਮਰਦ ਨਹੀਂ, ਕੋਈ ਖ਼ਾਸ ਪੰਛੀ ਨਹੀਂ।

43214	1010	ਜੋ ਤਿਸੁ ਭਾਵੈ ਸੋ ਥੀਐ ਤੂ ਦੀਪਕੁ ਤੂ ਧੂਪੁ॥੭॥		Jo This Bhaavai So Thheeai Thoo Dheepak Thoo Dhhoop ||7||	Whatever pleases Him, happens; You are the lamp, and You are the incense. ||7||	ਜਗਤ ਵਿਚ ਉਹੀ ਕੁਝ ਹੋ ਰਿਹਾ ਹੈ ਜੋ ਉਸ ਨੂੰ ਭਾਉਂਦਾ ਹੈ। ਹੇ ਪ੍ਰਭੂ! ਤੂੰ ਸਭ ਜੀਵਾਂ ਨੂੰ ਚਾਨਣ (ਗਿਆਨ) ਦੇਣ ਵਾਲਾ ਹੈਂ, ਤੂੰ ਸਭ ਨੂੰ ਸੁਗੰਧੀ (ਮਿੱਠਾ ਸੁਭਾਉ) ਦੇਣ ਵਾਲਾ ਹੈਂ ॥੭॥
43215	1010	ਗੀਤ ਸਾਦ ਚਾਖੇ ਸੁਣੇ ਬਾਦ ਸਾਦ ਤਨਿ ਰੋਗੁ॥		Geeth Saadh Chaakhae Sunae Baadh Saadh Than Rog ||	He hears the songs and tastes the flavors, but these flavors are useless and insipid, and bring only disease to the body.	ਦੁਨੀਆ ਦੇ ਗੀਤ ਸੁਣ ਵੇਖੇ ਹਨ, ਸੁਆਦ ਚੱਖ ਵੇਖੇ ਹਨ; ਇਹ ਗੀਤ ਤੇ ਸੁਆਦ ਸਰੀਰ ਵਿਚ ਰੋਗ ਹੀ ਪੈਦਾ ਕਰਦੇ ਹਨ।
43216	1010	ਸਚੁ ਭਾਵੈ ਸਾਚਉ ਚਵੈ ਛੂਟੈ ਸੋਗ ਵਿਜੋਗੁ॥		Sach Bhaavai Saacho Chavai Shhoottai Sog Vijog ||	One who loves the Truth and speaks the Truth, escapes from the sorrow of separation.	ਜਿਸ ਮਨੁੱਖ ਨੂੰ ਸਦਾ-ਥਿਰ ਪ੍ਰਭੂ ਪਿਆਰਾ ਲੱਗਦਾ ਹੈ ਜੋ ਮਨੁੱਖ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਦਾ ਹੈ, ਉਸ ਦਾ (ਪ੍ਰਭੂ ਨਾਲੋਂ) ਵਿਛੋੜਾ ਮੁੱਕ ਜਾਂਦਾ ਹੈ, ਉਸ ਦੀ ਚਿੰਤਾ ਦੂਰ ਹੋ ਜਾਂਦੀ ਹੈ।
43217	1010	ਨਾਨਕ ਨਾਮੁ ਨ ਵੀਸਰੈ ਜੋ ਤਿਸੁ ਭਾਵੈ ਸੁ ਹੋਗੁ॥੮॥੩॥		Naanak Naam N Veesarai Jo This Bhaavai S Hog ||8||3||	Nanak does not forget the Naam; whatever happens is by the Lord's Will. ||8||3||	ਹੇ ਨਾਨਕ! ਜਿਸ ਮਨੁੱਖ ਨੂੰ ਪ੍ਰਭੂ ਦਾ ਨਾਮ ਨਹੀਂ ਭੁੱਲਦਾ, ਉਸ ਨੂੰ ਇਹ ਯਕੀਨ ਬਣ ਜਾਂਦਾ ਹੈ ਕਿ ਜਗਤ ਵਿਚ ਉਹੀ ਕੁਝ ਹੁੰਦਾ ਹੈ ਜੋ ਪ੍ਰਭੂ ਨੂੰ ਪਸੰਦ ਆਉਂਦਾ ਹੈ ॥੮॥੩॥
43218	1010	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	

43219	1010	ਸਾਚੀ ਕਾਰ ਕਮਾਵਣੀ ਹੋਰਿ ਲਾਲਚ ਬਾਦਿ॥		Saachee Kaar Kamaavanee Hor Laalach Baadh ||	Practice Truth - other greed and attachments are useless.	(ਪ੍ਰਭੂ-ਮਾਲਕ ਦਾ ਗ਼ੁਲਾਮ) ਸਦਾ-ਥਿਰ ਪ੍ਰਭੂ ਦੀ ਭਗਤੀ ਦੀ ਕਾਰ ਕਰਦਾ ਹੈ, (ਨਾਮ-ਸਿਮਰਨ ਤੋਂ ਬਿਨਾ) ਬਾਕੀ ਦੇ ਲਾਲਚ ਉਸ ਨੂੰ ਵਿਅਰਥ (ਦਿੱਸਦੇ) ਹਨ।
43220	1010	ਇਹੁ ਮਨੁ ਸਾਚੈ ਮੋਹਿਆ ਜਿਹਵਾ ਸਚਿ ਸਾਦਿ॥		Eihu Man Saachai Mohiaa Jihavaa Sach Saadh ||	The True Lord has fascinated this mind, and my tongue enjoys the taste of Truth.	ਸਦਾ-ਥਿਰ ਪ੍ਰਭੂ ਨੇ ਆਪਣੇ ਸੇਵਕ ਦਾ ਮਨ ਪ੍ਰੇਮ-ਵੱਸ ਕੀਤਾ ਹੋਇਆ ਹੈ (ਇਸ ਵਾਸਤੇ ਸੇਵਕ ਦੀ) ਜੀਭ ਸਦਾ-ਥਿਰ ਨਾਮ-ਸਿਮਰਨ ਦੇ ਸੁਆਦ ਵਿਚ (ਮਗਨ ਰਹਿੰਦੀ) ਹੈ।
43221	1010	ਬਿਨੁ ਨਾਵੈ ਕੋ ਰਸੁ ਨਹੀ ਹੋਰਿ ਚਲਹਿ ਬਿਖੁ ਲਾਦਿ॥੧॥		Bin Naavai Ko Ras Nehee Hor Chalehi Bikh Laadh ||1||	Without the Name, there is no juice; the others depart, loaded with poison. ||1||	(ਸੇਵਕ ਨੂੰ) ਪ੍ਰਭੂ ਦੇ ਨਾਮ ਤੋਂ ਬਿਨਾ ਹੋਰ ਕੋਈ ਰਸ (ਖਿੱਚੀ) ਨਹੀਂ (ਪਾਂਦਾ)। (ਸੇਵਕ ਨੂੰ ਨਿਸ਼ਚਾ ਹੈ ਕਿ ਨਾਮ-ਰਸ ਤੋਂ ਵਾਂਜੇ ਰਹਿਣ ਵਾਲੇ) ਬੰਦੇ ਉਹ ਚੀਜ਼ ਇਕੱਠੀ ਕਰ ਕੇ ਲੈ ਜਾਂਦੇ ਹਨ ਜੋ ਆਤਮਕ ਜੀਵਨ ਲਈ ਜ਼ਹਿਰ ਹੈ ॥੧॥
43222	1010	ਐਸਾ ਲਾਲਾ ਮੇਰੇ ਲਾਲ ਕੋ ਸੁਣਿ ਖਸਮ ਹਮਾਰੇ॥	ਲੱਾਲਾ	Aisaa Laalaa Maerae Laal Ko Sun Khasam Hamaarae ||	I am such a slave of Yours, O my Beloved Lord and Master.	ਹੇ ਮੇਰੇ ਖਸਮ! ਹੇ ਪਿਆਰੇ ਲਾਲ! (ਮੇਰੀ ਅਰਜ਼ੋਈ) ਸੁਣ। ਮੈਂ ਆਪਣੇ ਲਾਲ ਦਾ (ਭਾਵ, ਤੇਰਾ) ਅਜੇਹਾ ਸੇਵਕ-ਗ਼ੁਲਾਮ ਹਾਂ,

43223	1010	ਜਿਉ ਫੁਰਮਾਵਹਿ ਤਿਉ ਚਲਾ ਸਚੁ ਲਾਲ ਪਿਆਰੇ॥੧॥ਰਹਾਉ ॥		Jio Furamaavehi Thio Chalaa Sach Laal Piaarae ||1|| Rehaao ||	I walk in harmony with Your Command, O my True, Sweet Beloved. ||1||Pause||	ਕਿ ਜਿਵੇਂ ਹੁਕਮ ਕਰਦਾ ਹੈਂ, ਮੈਂ ਤਿਵੇਂ ਹੀ (ਜੀਵਨ-ਰਾਹ ਤੇ) ਤੁਰਦਾ ਹਾਂ। ਤੂੰ ਹੀ ਸਦਾ ਕਾਇਮ ਰਹਿਣ ਵਾਲਾ ਹੈਂ ॥੧॥ ਰਹਾਉ ॥
43224	1010	ਅਨ ਦਿਨੁ ਲਾਲੇ ਚਾਕਰੀ ਗੋਲੇ ਸਿਰਿ ਮੀਰਾ॥		Anadhin Laalae Chaakaree Golae Sir Meeraa ||	Night and day, the slave works for his overlord.	ਸੇਵਕ ਨੇ ਹਰ ਰੋਜ਼ (ਹਰ ਵੇਲੇ) ਪਰਮਾਤਮਾ ਦੀ ਭਗਤੀ ਦੀ ਸੇਵਾ ਹੀ ਸੰਭਾਲੀ ਹੋਈ ਹੈ, ਸੇਵਕ ਨੂੰ ਆਪਣੇ ਸਿਰ ਉਤੇ ਮਾਲਕ-ਪ੍ਰਭੂ (ਖੜਾ ਦਿੱਸਦਾ) ਹੈ।
43225	1010	ਗੁਰ ਬਚਨੀ ਮਨੁ ਵੇਚਿਆ ਸਬਦਿ ਮਨੁ ਧੀਰਾ॥		Gur Bachanee Man Vaechiaa Sabadh Man Dhheeraa ||	I have sold my mind for the Word of the Guru's Shabad; my mind is comforted and consoled by the Shabad.	ਸੇਵਕ ਨੇ ਆਪਣਾ ਮਨ ਗੁਰੂ ਦੇ ਬਚਨਾਂ ਤੋਂ ਵੇਚ ਦਿੱਤਾ ਹੈ, ਗੁਰੂ ਦੇ ਸ਼ਬਦ ਵਿਚ (ਟਿਕ ਕੇ) ਸੇਵਕ ਦਾ ਮਨ ਧੀਰਜ ਫੜਦਾ ਹੈ।
43226	1011	ਗੁਰ ਪੂਰੇ ਸਾਬਾਸਿ ਹੈ ਕਾਟੈ ਮਨ ਪੀਰਾ॥੨॥		Gur Poorae Saabaas Hai Kaattai Man Peeraa ||2||	The Perfect Guru is honored and celebrated; He has taken away the pains of my mind. ||2||	ਸੇਵਕ ਪੂਰੇ ਗੁਰੂ ਨੂੰ ਧੰਨ ਧੰਨ ਆਖਦਾ ਹੈ ਜੇਹੜਾ ਉਸ ਦੇ ਮਨ ਦੀ ਪੀੜ ਦੂਰ ਕਰਦਾ ਹੈ ॥੨॥
43227	1011	ਲਾਲਾ ਗੋਲਾ ਧਣੀ ਕੋ ਕਿਆ ਕਹਉ ਵਡਿਆਈਐ॥		Laalaa Golaa Dhhanee Ko Kiaa Keho Vaddiaaeeai ||	I am the servant and slave of my Master; what glorious greatness of His can I describe?	ਜੇਹੜਾ ਮਨੁੱਖ ਮਾਲਕ-ਪ੍ਰਭੂ ਦਾ ਸੇਵਕ-ਗ਼ੁਲਾਮ ਬਣ ਜਾਂਦਾ ਹੈ ਮੈਂ ਉਸ ਦੀ ਕੀਹ ਵਡਿਆਈ ਦੱਸ ਸਕਦਾ ਹਾਂ?

43228	1011	ਭਾਣੈ ਬਖਸੇ ਪੂਰਾ ਧਣੀ ਸਚੁ ਕਾਰ ਕਮਾਈਐ॥		Bhaanai Bakhasae Pooraa Dhhanee Sach Kaar Kamaaeeai ||	The Perfect Master, by the Pleasure of His Will, forgives, and then one practices Truth.	ਉਹ ਸਭ ਤਾਕਤਾਂ ਦਾ ਮਾਲਕ ਪ੍ਰਭੂ ਆਪਣੀ ਰਜ਼ਾ ਵਿਚ (ਆਪਣੇ ਸੇਵਕ-ਉਤੇ) ਬਖ਼ਸ਼ਸ਼ ਕਰਦਾ ਹੈ (ਜਿਸ ਦੀ ਬਰਕਤਿ ਨਾਲ ਸੇਵਕ) ਨਾਮ-ਸਿਮਰਨ (ਦੀ) ਕਾਰ ਕਰਦਾ ਰਹਿੰਦਾ ਹੈ।
43229	1011	ਵਿਛੁੜਿਆ ਕਉ ਮੇਲਿ ਲਏ ਗੁਰ ਕਉ ਬਲਿ ਜਾਈਐ॥੩॥		Vishhurriaa Ko Mael Leae Gur Ko Bal Jaaeeai ||3||	I am a sacrifice to my Guru, who re-unites the separated ones. ||3||	ਸੇਵਕ ਆਪਣੇ ਗੁਰੂ ਤੋਂ ਸਦਾ ਕੁਰਬਾਨ ਜਾਂਦਾ ਹੈ ਜੇਹੜਾ ਵਿਛੁੜੇ ਜੀਵ ਨੂੰ ਪਰਮਾਤਮਾ ਦੇ ਚਰਨਾਂ ਵਿਚ ਮਿਲਾ ਲੈਂਦਾ ਹੈ ॥੩॥
43230	1011	ਲਾਲੇ ਗੋਲੇ ਮਤਿ ਖਰੀ ਗੁਰ ਕੀ ਮਤਿ ਨੀਕੀ॥	ਲੱਾਲੇ ਗੋੱਲੇ	Laalae Golae Math Kharee Gur Kee Math Neekee ||	The intellect of His servant and slave is noble and true; it is made so by the Guru's intellect.	ਗੁਰੂ ਦੀ ਸੋਹਣੀ ਮੱਤ ਲੈ ਕੇ ਸੇਵਕ-ਗੁਲਾਮ ਦੀ ਅਕਲ ਭੀ ਚੰਗੀ ਹੋ ਜਾਂਦੀ ਹੈ, ਉਸ ਦੀ ਸੁਰਤ ਸਦਾ-ਥਿਰ ਭਗਤੀ ਵਿਚ ਟਿਕ ਕੇ ਸੋਹਣੀ ਹੋ ਜਾਂਦੀ ਹੈ।
43231	1011	ਸਾਚੀ ਸੁਰਤਿ ਸੁਹਾਵਣੀ ਮਨਮੁਖ ਮਤਿ ਫੀਕੀ॥		Saachee Surath Suhaavanee Manamukh Math Feekee ||	The intuition of those who are true is beautiful; the intellect of the self-willed manmukh is insipid.	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੀ ਮੱਤ ਉਸ ਨੂੰ ਫਿੱਕ ਵਾਲੇ ਰਾਹੇ ਹੀ ਪਾਣ ਵਾਲੀ ਹੁੰਦੀ ਹੈ।

43232	1011	ਮਨੁ ਤਨੁ ਤੇਰਾ ਤੂ ਪ੍ਰਭੂ ਸਚੁ ਧੀਰਕ ਧੁਰ ਕੀ॥੪॥		Man Than Thaeraa Thoo Prabhoo Sach Dhheerak Dhhur Kee ||4||	My mind and body belong to You, God; from the very beginning, Truth has been my only support. ||4||	(ਪਰ, ਹੇ ਪ੍ਰਭੂ! ਜੀਵਾਂ ਦੇ ਕੀਹ ਵੱਸ? ਜੀਵਾਂ ਨੂੰ ਇਹ) ਮਨ ਤੇ ਸਰੀਰ ਤੇਰਾ ਹੀ ਦਿੱਤਾ ਹੋਇਆ ਹੈ, ਹੇ ਪ੍ਰਭੂ! ਤੂੰ ਸਦਾ-ਥਿਰ ਰਹਿਣ ਵਾਲਾ ਹੈਂ, ਤੂੰ ਹੀ ਆਪਣੀ ਧੁਰ ਦਰਗਾਹ ਤੋਂ ਜੀਵਾਂ ਨੂੰ (ਸਿਮਰਨ ਦੀ) ਟੇਕ ਦੇਣ ਵਾਲਾ ਹੈਂ ॥੪॥
43233	1011	ਸਾਚੈ ਬੈਸਣੁ ਉਠਣਾ ਸਚੁ ਭੋਜਨੁ ਭਾਖਿਆ॥		Saachai Baisan Outhanaa Sach Bhojan Bhaakhiaa ||	In Truth I sit and stand; I eat and speak the Truth.	(ਸੇਵਕ ਦਾ) ਉਠਣਾ ਬੈਠਣਾ (ਸਦਾ ਹੀ) ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਰਹਿੰਦਾ ਹੈ, ਸਿਮਰਨ ਹੀ ਉਸ ਦੀ (ਆਤਮਕ) ਖ਼ੁਰਾਕ ਹੈ ਸਿਮਰਨ ਹੀ ਉਸ ਦੀ ਬੋਲੀ ਹੈ।
43234	1011	ਚਿਤਿ ਸਚੈ ਵਿਤੋ ਸਚਾ ਸਾਚਾ ਰਸੁ ਚਾਖਿਆ॥	ਨਾਮੁ ਰੂਪ (ਵਿਤੋ) ਧਨ। ਵਿਤੋ: ਪੋਲਾ ਬੋਲੋ	Chith Sachai Vitho Sachaa Saachaa Ras Chaakhiaa ||	With Truth in my consciousness, I gather the wealth of Truth, and drink in the sublime essence of Truth.	ਸੇਵਕ ਦੇ ਚਿੱਤ ਵਿਚ ਸਦਾ-ਥਿਰ ਪ੍ਰਭੂ (ਦੀ ਯਾਦ) ਟਿਕੀ ਰਹਿੰਦੀ ਹੈ, ਸਦਾ-ਥਿਰ ਪ੍ਰਭੂ ਦਾ ਨਾਮ ਹੀ ਉਸ ਦਾ ਧਨ ਹੈ, ਇਹੀ ਰਸ ਸਦਾ ਚੱਖਦਾ ਰਹਿੰਦਾ ਹੈ।
43235	1011	ਸਾਚੈ ਘਰਿ ਸਾਚੈ ਰਖੇ ਗੁਰ ਬਚਨਿ ਸੁਭਾਖਿਆ॥੫॥		Saachai Ghar Saachai Rakhae Gur Bachan Subhaakhiaa ||5||	In the home of Truth, the True Lord protects me; I speak the Words of the Guru's Teachings with love. ||5||	(ਸੇਵਕ) ਗੁਰੂ ਦੀ ਰਾਹੀਂ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ (ਜਿਸ ਦੀ ਬਰਕਤਿ ਨਾਲ ਉਹ ਆਪਣੇ ਮਨ ਨੂੰ) ਸਦਾ-ਥਿਰ ਪ੍ਰਭੂ ਦੇ ਘਰ ਵਿਚ ਟਿਕਾਈ ਰੱਖਦਾ ਹੈ ॥੫॥

43236	1011	ਮਨਮੁਖ ਕਉ ਆਲਸੁ ਘਣੋ ਫਾਥੇ ਓਜਾੜੀ॥		Manamukh Ko Aalas Ghano Faathhae Oujaarree ||	The self-willed manmukh is very lazy; he is trapped in the wilderness.	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਨੂੰ (ਨਾਮ ਸਿਮਰਨ ਵਲੋਂ) ਬਹੁਤ ਆਲਸ ਰਹਿੰਦਾ ਹੈ, ਉਹ ਆਪਣੇ ਮਨ ਦੀ ਸੁੰਞ ਵਿਚ ਹੀ ਫਸਿਆ ਰਹਿੰਦਾ ਹੈ।
43237	1011	ਫਾਥਾ ਚੁਗੈ ਨਿਤ ਚੋਗੜੀ ਲਗਿ ਬੰਧੁ ਵਿਗਾੜੀ॥	ਚੁਗੈ: ਪੋਲਾ ਬੋਲੋ	Faathhaa Chugai Nith Chogarree Lag Bandhh Vigaarree ||	He is drawn to the bait, and continually pecking at it, he is trapped; his link to the Lord is ruined.	(ਨਾਮ ਵਲੋਂ ਸੁੰਞੇ ਮਨ ਦੀ ਅਗਵਾਈ ਵਿਚ) ਫਸਿਆ ਹੋਇਆ ਮਨਮੁਖ ਨਿਤ (ਮਾਇਆ-ਮੋਹ ਦੀ) ਕੋਝੀ ਚੋਗ ਚੁਗਦਾ ਹੈ, (ਆਪਣੇ ਮਨ ਦੇ ਪਿਛੇ) ਲੱਗ ਕੇ ਪਰਮਾਤਮਾ ਨਾਲੋਂ ਆਪਣਾ ਸੰਬੰਧ ਖ਼ਰਾਬ ਕਰ ਲੈਂਦਾ ਹੈ।
43238	1011	ਗੁਰ ਪਰਸਾਦੀ ਮੁਕਤੁ ਹੋਇ ਸਾਚੇ ਨਿਜ ਤਾੜੀ॥੬॥		Gur Parasaadhee Mukath Hoe Saachae Nij Thaarree ||6||	By Guru's Grace, one is liberated, absorbed in the primal trance of Truth. ||6||	(ਆਪਣੇ ਮਨ ਦੀ ਇਸ ਗ਼ੁਲਾਮੀ ਵਿਚੋਂ ਮਨਮੁਖ ਭੀ) ਗੁਰੂ ਦੀ ਕਿਰਪਾ ਨਾਲ ਸੁਤੰਤਰ ਹੋ ਕੇ ਸਦਾ-ਥਿਰ ਪ੍ਰਭੂ ਵਿਚ ਆਪਣੀ ਸੁਰਤ ਜੋੜ ਲੈਂਦਾ ਹੈ ॥੬॥
43239	1011	ਅਨਹਤਿ ਲਾਲਾ ਬੇਧਿਆ ਪ੍ਰਭ ਹੇਤਿ ਪਿਆਰੀ॥		Anehath Laalaa Baedhhiaa Prabh Haeth Piaaree ||	His slave remains continually pierced through with love and affection for God.	ਸੇਵਕ ਨਾਸ-ਰਹਿਤ ਪ੍ਰਭੂ ਦੀ ਯਾਦ ਵਿਚ ਟਿਕਿਆ ਰਹਿੰਦਾ ਹੈ, ਪ੍ਰਭੂ ਦੇ ਪਿਆਰ ਵਿਚ (ਉਸ ਦਾ ਮਨ) ਵਿੱਝਿਆ ਰਹਿੰਦਾ ਹੈ, (ਸੇਵਕ ਪ੍ਰਭੂ-ਚਰਨਾਂ ਨਾਲ) ਪਿਆਰ ਜੋੜਦਾ ਹੈ।

43240	1011	ਬਿਨੁ ਸਾਚੇ ਜੀਉ ਜਲਿ ਬਲਉ ਝੂਠੇ ਵੇਕਾਰੀ॥		Bin Saachae Jeeo Jal Balo Jhoothae Vaekaaree ||	Without the True Lord, the soul of the false, corrupt person is burnt to ashes.	(ਸੇਵਕ ਨੂੰ ਨਿਸਚਾ ਹੈ ਕਿ) ਝੂਠੇ ਵਿਕਾਰੀ ਬੰਦਿਆਂ ਦੀ ਜਿੰਦ ਸਦਾ-ਥਿਰ ਪ੍ਰਭੂ ਦੀ ਯਾਦ ਤੋਂ ਖੁੰਝ ਕੇ (ਵਿਕਾਰਾਂ ਵਿਚ ਹੀ) ਸੜ ਬਲ ਜਾਂਦੀ ਹੈ।
43241	1011	ਬਾਦਿ ਕਾਰਾ ਸਭਿ ਛੋਡੀਆ ਸਾਚੀ ਤਰੁ ਤਾਰੀ॥੭॥	ਕਾਰਾਂ	Baadh Kaaraa Sabh Shhoddeeaa Saachee Thar Thaaree ||7||	Abandoning all evil actions, he crosses over in the boat of Truth. ||7||	(ਇਸ ਵਾਸਤੇ) ਸੇਵਕ ਮੋਹ-ਮਾਇਆ ਦੀਆਂ ਵਿਅਰਥ ਕਾਰਾਂ ਤਿਆਗ ਦੇਂਦਾ ਹੈ। ਪਰਮਾਤਮਾ ਦੀ ਭਗਤੀ (ਸੇਵਕ ਵਾਸਤੇ ਸੰਸਾਰ-ਸਮੁੰਦਰ ਤੋਂ) ਤਾਰਨ ਦੇ ਸਮਰੱਥ ਬੇੜੀ ਹੈ ॥੭॥
43242	1011	ਜਿਨੀ ਨਾਮੁ ਵਿਸਾਰਿਆ ਤਿਨਾ ਠਉਰ ਨ ਠਾਉ॥		Jinee Naam Visaariaa Thinaa Thour N Thaao ||	Those who have forgotten the Naam have no home, no place of rest.	ਜਿਨ੍ਹਾਂ ਨੇ ਪ੍ਰਭੂ ਦਾ ਨਾਮ ਭੁਲਾ ਦਿੱਤਾ ਉਹਨਾਂ ਨੂੰ ਆਤਮਕ ਸ਼ਾਂਤੀ ਲਈ ਹੋਰ ਕੋਈ ਥਾਂ ਟਿਕਾਣਾ ਨਹੀਂ ਲੱਭਦਾ।
43243	1011	ਲਾਲੈ ਲਾਲਚੁ ਤਿਆਗਿਆ ਪਾਇਆ ਹਰਿ ਨਾਉ॥		Laalai Laalach Thiaagiaa Paaeiaa Har Naao ||	The Lord's slave renounces greed and attachment, and obtains the Lord's Name.	ਸੇਵਕ ਨੇ ਮਾਇਆ ਦਾ ਲਾਲਚ ਛੱਡ ਦਿੱਤਾ ਹੈ, ਤੇ ਪਰਮਾਤਮਾ ਦਾ ਨਾਮ-ਧਨ ਲੱਭ ਲਿਆ ਹੈ।
43244	1011	ਤੂ ਬਖਸਹਿ ਤਾ ਮੇਲਿ ਲੈਹਿ ਨਾਨਕ ਬਲਿ ਜਾਉ॥੮॥੪॥	ਬਖਸ-ਹਿ	Thoo Bakhasehi Thaa Mael Laihi Naanak Bal Jaao ||8||4||	If You forgive him, Lord, then He is united with You; Nanak is a sacrifice. ||8||4||	ਹੇ ਨਾਨਕ! (ਅਰਦਾਸ ਕਰ ਕਿ) ਮੈਂ ਤੈਥੋਂ ਸਦਕੇ ਜਾਂਦਾ ਹਾਂ। ਤੂੰ ਆਪ ਹੀ ਮੇਹਰ ਕਰੇਂ ਤਾਂ ਜੀਵਾਂ ਨੂੰ (ਆਪਣੇ ਚਰਨਾਂ ਵਿਚ) ਮਿਲਾਏਂ ॥੮॥੪॥

43245	1011	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
43246	1011	ਲਾਲੈ ਗਾਰਬੁ ਛੋਡਿਆ ਗੁਰ ਕੈ ਭੈ ਸਹਜਿ ਸੁਭਾਈ॥	ਲੱਾਲੈ	Laalai Gaarab Shhoddiaa Gur Kai Bhai Sehaj Subhaaee ||	The Lord's slave renounces his egotistical pride through the Guru's Fear intuitively and easily.	(ਪ੍ਰਭੂ ਦਾ) ਸੇਵਕ (ਉਹ ਹੈ ਜਿਸ) ਨੇ ਅਹੰਕਾਰ ਤਿਆਗ ਦਿੱਤਾ ਹੈ ਗੁਰੂ ਦੇ ਡਰ-ਅਦਬ ਵਿਚ ਰਹਿ ਕੇ ਸੇਵਕ ਅਡੋਲ ਆਤਮਕ ਅਵਸਥਾ ਵਿਚ ਟਿਕਿਆ ਰਹਿੰਦਾ ਹੈ, ਪ੍ਰੇਮ ਸੁਭਾਉ ਵਾਲਾ ਬਣ ਜਾਂਦਾ ਹੈ।
43247	1011	ਲਾਲੈ ਖਸਮੁ ਪਛਾਣਿਆ ਵਡੀ ਵਡਿਆਈ॥		Laalai Khasam Pashhaaniaa Vaddee Vaddiaaee ||	The slave realizes his Lord and Master; glorious is his greatness!	ਸੇਵਕ ਉਹ ਹੈ ਜਿਸ ਨੇ ਮਾਲਕ ਨਾਲ ਡੂੰਘੀ ਸਾਂਝ ਪਾ ਲਈ ਹੈ, ਮਾਲਕ ਪਾਸੋਂ ਉਸ ਨੂੰ ਬਹੁਤ ਆਦਰ-ਮਾਣ ਮਿਲਦਾ ਹੈ।
43248	1011	ਖਸਮਿ ਮਿਲਿਐ ਸੁਖੁ ਪਾਇਆ ਕੀਮਤਿ ਕਹਣੁ ਨ ਜਾਈ॥੧॥		Khasam Miliai Sukh Paaeiaa Keemath Kehan N Jaaee ||1||	Meeting with his Lord and Master, he finds peace; His value cannot be desribed. ||1||	ਜੇ ਖਸਮ-ਪ੍ਰਭੂ ਮਿਲ ਪਏ, ਤਾਂ ਸੇਵਕ ਨੂੰ ਇਤਨਾ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ਕਿ ਉਸ ਆਨੰਦ ਦਾ ਮੁੱਲ ਨਹੀਂ ਦੱਸਿਆ ਜਾ ਸਕਦਾ ॥੧॥
43249	1011	ਲਾਲਾ ਗੋਲਾ ਖਸਮ ਕਾ ਖਸਮੈ ਵਡਿਆਈ॥		Laalaa Golaa Khasam Kaa Khasamai Vaddiaaee ||	I am the slave and servant of my Lord and Master; all glory is to my Master.	ਜੇਹੜਾ ਮਨੁੱਖ ਪਰਮਾਤਮਾ-ਮਾਲਕ ਦਾ ਸੇਵਕ ਗ਼ੁਲਾਮ ਬਣਦਾ ਹੈ ਉਹ ਖਸਮ-ਪ੍ਰਭੂ ਦੀ ਹੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹੈ।

43250	1011	ਗੁਰ ਪਰਸਾਦੀ ਉਬਰੇ ਹਰਿ ਕੀ ਸਰਣਾਈ॥੧॥ਰਹਾਉ ॥		Gur Parasaadhee Oubarae Har Kee Saranaaee ||1|| Rehaao ||	By Guru's Grace, I am saved, in the Sanctuary of the Lord. ||1||Pause||	ਜੇਹੜੇ ਬੰਦੇ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੀ ਸਰਨ ਪੈਂਦੇ ਹਨ ਉਹ (ਮਾਇਆ ਦੇ ਮੋਹ ਤੋਂ) ਬਚ ਨਿਕਲਦੇ ਹਨ ॥੧॥ ਰਹਾਉ ॥
43251	1011	ਲਾਲੇ ਨੋ ਸਿਰਿ ਕਾਰ ਹੈ ਧੁਰਿ ਖਸਮਿ ਫੁਰਮਾਈ॥	(ਲਾਲੇ) ਗੁਰਸੇਵਕ ਜੀ। (ਕਾਰ) ਪ੍ਰੇਮਾ-ਭਗਤੀ	Laalae No Sir Kaar Hai Dhhur Khasam Furamaaee ||	The slave has been given the most excellent task, by the Primal Command of the Master.	ਖਸਮ-ਪ੍ਰਭੂ ਨੇ ਧੁਰੋਂ ਹੀ ਹੁਕਮ ਦੇ ਦਿੱਤਾ ਆਪਣੇ ਸੇਵਕ ਨੂੰ ਸਿਰ ਤੇ (ਹੁਕਮ ਮੰਨਣ ਦੀ) ਕਾਰ ਸੌਂਪ ਦਿੱਤੀ।
43252	1011	ਲਾਲੈ ਹੁਕਮੁ ਪਛਾਣਿਆ ਸਦਾ ਰਹੈ ਰਜਾਈ॥		Laalai Hukam Pashhaaniaa Sadhaa Rehai Rajaaee ||	The slave realizes the Hukam of His Command, and submits to His Will forever.	(ਇਸ ਵਾਸਤੇ ਪ੍ਰਭੂ ਦਾ) ਸੇਵਕ ਪ੍ਰਭੂ ਦਾ ਹੁਕਮ ਪਛਾਣਦਾ ਹੈ ਤੇ ਸਦਾ ਉਸ ਦੀ ਰਜ਼ਾ ਵਿਚ ਰਹਿੰਦਾ ਹੈ।
43253	1011	ਆਪੇ ਮੀਰਾ ਬਖਸਿ ਲਏ ਵਡੀ ਵਡਿਆਈ॥੨॥		Aapae Meeraa Bakhas Leae Vaddee Vaddiaaee ||2||	The Lord King Himself grants forgiveness; how glorious is His greatness! ||2||	ਮਾਲਕ ਆਪ ਹੀ (ਸੇਵਕ ਉਤੇ) ਬਖ਼ਸ਼ਸ਼ ਕਰਦਾ ਹੈ ਤੇ ਉਸ ਨੂੰ ਬਹੁਤ ਆਦਰ-ਮਾਣ ਦੇਂਦਾ ਹੈ ॥੨॥
43254	1011	ਆਪਿ ਸਚਾ ਸਭੁ ਸਚੁ ਹੈ ਗੁਰ ਸਬਦਿ ਬੁਝਾਈ॥	ਬੁੱਝਾਈ	Aap Sachaa Sabh Sach Hai Gur Sabadh Bujhaaee ||	He Himself is True, and everything is True; this is revealed through the Word of the Guru's Shabad.	ਹੇ ਪ੍ਰਭੂ! ਤੂੰ ਗੁਰੂ ਦੇ ਸ਼ਬਦ ਦੀ ਰਾਹੀਂ ਸੇਵਕ ਨੂੰ ਇਹ ਸੂਝ ਦਿੱਤੀ ਹੈ ਕਿ ਤੂੰ ਆਪ ਸਦਾ ਅਟੱਲ ਹੈਂ ਤੇ ਤੇਰਾ ਸਾਰਾ (ਨਿਯਮ) ਅਟੱਲ ਹੈ।

43255	1011	ਤੇਰੀ ਸੇਵਾ ਸੋ ਕਰੇ ਜਿਸ ਨੋ ਲੈਹਿ ਤੂ ਲਾਈ॥		Thaeree Saevaa So Karae Jis No Laihi Thoo Laaee ||	He alone serves You, whom You have enjoined to do so.	ਹੇ ਪ੍ਰਭੂ! ਤੇਰੀ ਸੇਵਾ-ਭਗਤੀ ਉਹੀ ਮਨੁੱਖ ਕਰਦਾ ਹੈ ਜਿਸ ਨੂੰ ਤੂੰ ਆਪ ਸੇਵਾ-ਭਗਤੀ ਵਿਚ ਜੋੜਦਾ ਹੈਂ।
43256	1011	ਬਿਨੁ ਸੇਵਾ ਕਿਨੈ ਨ ਪਾਇਆ ਦੂਜੈ ਭਰਮਿ ਖੁਆਈ॥੩॥		Bin Saevaa Kinai N Paaeiaa Dhoojai Bharam Khuaaee ||3||	Without serving Him, no one finds Him; in duality and doubt, they are ruined. ||3||	ਤੇਰੀ ਸੇਵਾ-ਭਗਤੀ ਤੋਂ ਬਿਨਾ ਕਿਸੇ ਜੀਵ ਨੇ ਤੈਨੂੰ ਨਹੀਂ ਲੱਭ ਸਕਿਆ, (ਤੇਰੀ ਸੇਵਾ-ਭਗਤੀ ਤੋਂ ਬਿਨਾ ਜੀਵ) ਮਾਇਆ ਦੀ ਭਟਕਣਾ ਵਿਚ ਪੈ ਕੇ ਜੀਵਨ-ਰਾਹ ਤੋਂ ਖੁੰਝਿਆ ਰਹਿੰਦਾ ਹੈ ॥੩॥
43257	1011	ਸੋ ਕਿਉ ਮਨਹੁ ਵਿਸਾਰੀਐ ਨਿਤ ਦੇਵੈ ਚੜੈ ਸਵਾਇਆ॥	ਚੜੈ	So Kio Manahu Visaareeai Nith Dhaevai Charrai Savaaeiaa ||	How could we forget Him from our minds? The gifts which he bestows increase day by day.	ਉਸ ਪਰਮਾਤਮਾ ਨੂੰ ਕਦੇ ਮਨ ਤੋਂ ਭੁਲਾਣਾ ਨਹੀਂ ਚਾਹੀਦਾ ਜੋ ਸਭ ਜੀਵਾਂ ਨੂੰ ਸਭ ਕੁਝ ਸਦਾ ਦੇਂਦਾ ਹੈ ਤੇ ਉਸ ਦਾ ਦਿੱਤਾ ਨਿਤ ਵਧਦਾ ਰਹਿੰਦਾ ਹੈ।
43258	1011	ਜੀਉ ਪਿੰਡੁ ਸਭੁ ਤਿਸ ਦਾ ਸਾਹੁ ਤਿਨੈ ਵਿਚਿ ਪਾਇਆ॥		Jeeo Pindd Sabh This Dhaa Saahu Thinai Vich Paaeiaa ||	Soul and body, all belong to Him; He infused the breath into us.	ਇਹ ਜਿੰਦ ਤੇ ਇਹ ਸਰੀਰ ਸਭ ਉਸ ਪ੍ਰਭੂ ਦਾ ਹੀ ਦਿੱਤਾ ਹੋਇਆ ਹੈ, ਸਰੀਰ ਵਿਚ ਸੁਆਸ ਭੀ ਉਸੇ ਨੇ ਹੀ ਰੱਖਿਆ ਹੈ।

43259	1011	ਜਾ ਕ੍ਰਿਪਾ ਕਰੇ ਤਾ ਸੇਵੀਐ ਸੇਵਿ ਸਚਿ ਸਮਾਇਆ॥੪॥		Jaa Kirapaa Karae Thaa Saeveeai Saev Sach Samaaeiaa ||4||	If he shows His Mercy, then we serve Him; serving Him, we merge in Truth. ||4||	(ਪਰ ਉਸ ਦੀ ਸੇਵਾ ਭਗਤੀ ਭੀ ਉਸ ਦੀ ਮੇਹਰ ਨਾਲ ਹੀ ਕਰ ਸਕੀਦੀ ਹੈ) ਜਦੋਂ ਉਹ ਕਿਰਪਾ ਕਰਦਾ ਹੈ ਤਾਂ ਉਸ ਦੀ ਸੇਵਾ ਕਰੀਦੀ ਹੈ, ਜੀਵ ਸੇਵਾ-ਭਗਤੀ ਕਰ ਕੇ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ ॥੪॥
43260	1011	ਲਾਲਾ ਸੋ ਜੀਵਤੁ ਮਰੈ ਮਰਿ ਵਿਚਹੁ ਆਪੁ ਗਵਾਏ॥		Laalaa So Jeevath Marai Mar Vichahu Aap Gavaaeae ||	He alone is the Lord's slave, who remains dead while yet alive, and eradicates egotism from within.	ਉਹ ਮਨੁੱਖ ਪ੍ਰਭੂ ਦਾ ਸੇਵਕ (ਅਖਵਾ ਸਕਦਾ) ਹੈ ਜੋ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਮਾਇਆ ਦੇ ਮੋਹ ਵਲੋਂ ਮਰਿਆ ਰਹਿੰਦਾ ਹੈ, ਮਾਇਆ ਦੇ ਮੋਹ ਤੋਂ ਉਤਾਂਹ ਰਹਿ ਕੇ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰਦਾ ਹੈ।
43261	1011	ਬੰਧਨ ਤੂਟਹਿ ਮੁਕਤਿ ਹੋਇ ਤ੍ਰਿਸਨਾ ਅਗਨਿ ਬੁਝਾਏ॥	ਬੁਝਾਏ: ਪੋਲਾ ਬੋਲੋ	Bandhhan Thoottehi Mukath Hoe Thrisanaa Agan Bujhaaeae ||	His bonds are broken, the fire of his desire is quenched, and he is liberated.	(ਅਜੇਹੇ ਸੇਵਕ ਦੇ ਮਾਇਆ ਵਾਲੇ) ਬੰਧਨ ਟੁੱਟ ਜਾਂਦੇ ਹਨ, ਮਾਇਆ ਦੇ ਮੋਹ ਤੋਂ ਉਸ ਨੂੰ ਸੁਤੰਤ੍ਰਤਾ ਮਿਲ ਜਾਂਦੀ ਹੈ, ਉਹ ਆਪਣੇ ਅੰਦਰੋਂ ਮਾਇਆ ਦੀ ਤ੍ਰਿਸ਼ਨਾ ਦੀ ਅੱਗ ਬੁਝਾ ਦੇਂਦਾ ਹੈ।

43262	1011	ਸਭ ਮਹਿ ਨਾਮੁ ਨਿਧਾਨੁ ਹੈ ਗੁਰਮੁਖਿ ਕੋ ਪਾਏ॥੫॥		Sabh Mehi Naam Nidhhaan Hai Guramukh Ko Paaeae ||5||	The treasure of the Naam, the Name of the Lord, is within all, but how rare are those who, as Gurmukh, obtain it. ||5||	ਉਂਞ ਤਾਂ ਪਰਮਾਤਮਾ ਦਾ ਨਾਮ-ਖ਼ਜ਼ਾਨਾ ਹਰੇਕ ਜੀਵ ਦੇ ਅੰਦਰ ਹੀ ਮੌਜੂਦ ਹੈ, ਪਰ ਕੋਈ ਉਹੀ ਬੰਦਾ ਇਸ ਖ਼ਜ਼ਾਨੇ ਨੂੰ ਲੱਭ ਸਕਦਾ ਹੈ ਜੋ ਗੁਰੂ ਦੀ ਸਰਨ ਪੈਂਦਾ ਹੈ ॥੫॥
43263	1011	ਲਾਲੇ ਵਿਚਿ ਗੁਣੁ ਕਿਛੁ ਨਹੀ ਲਾਲਾ ਅਵਗਣਿਆਰੁ॥		Laalae Vich Gun Kishh Nehee Laalaa Avaganiaar ||	Within the Lord's slave, there is no virtue at all; the Lord's slave is totally unworthy.	(ਹੇ ਪ੍ਰਭੂ! ਤੇਰੀ ਮੇਹਰ ਤੋਂ ਬਿਨਾ) ਸੇਵਕ ਵਿਚ ਕੋਈ ਗੁਣ ਪੈਦਾ ਨਹੀਂ ਹੋ ਸਕਦਾ, ਉਹ ਤਾਂ ਸਗੋਂ ਔਗੁਣਾਂ ਨਾਲ ਭਰਿਆ ਰਹਿੰਦਾ ਹੈ।
43264	1011	ਤੁਧੁ ਜੇਵਡੁ ਦਾਤਾ ਕੋ ਨਹੀ ਤੂ ਬਖਸਣਹਾਰੁ॥		Thudhh Jaevadd Dhaathaa Ko Nehee Thoo Bakhasanehaar ||	There is no Giver as great as You, Lord; You alone are the Forgiver.	ਹੇ ਪ੍ਰਭੂ! ਤੇਰੇ ਜੇਡਾ ਦਾਤਾ ਹੋਰ ਕੋਈ ਨਹੀਂ। ਤੂੰ ਆਪ ਹੀ ਬਖ਼ਸ਼ਸ਼ ਕਰਦਾ ਹੈਂ।
43265	1011	ਤੇਰਾ ਹੁਕਮੁ ਲਾਲਾ ਮੰਨੇ ਏਹ ਕਰਣੀ ਸਾਰੁ॥੬॥		Thaeraa Hukam Laalaa Mannae Eaeh Karanee Saar ||6||	Your slave obeys the Hukam of Your Command; this is the most excellent action. ||6||	ਤੇਰਾ ਸੇਵਕ ਤੇਰਾ ਹੁਕਮ ਮੰਨਦਾ ਹੈ, ਹੁਕਮ ਮੰਨਣ ਨੂੰ ਹੀ ਸਭ ਤੋਂ ਸ੍ਰੇਸ਼ਟ ਕੰਮ ਸਮਝਦਾ ਹੈ ॥੬॥
43266	1011	ਗੁਰੁ ਸਾਗਰੁ ਅੰਮ੍ਰਿਤ ਸਰੁ ਜੋ ਇਛੇ ਸੋ ਫਲੁ ਪਾਏ॥		Gur Saagar Anmrith Sar Jo Eishhae So Fal Paaeae ||	The Guru is the pool of nectar in the world-ocean; whatever one desires, that fruit is obtained.	ਗੁਰੂ ਸਮੁੰਦਰ ਹੈ, ਗੁਰੂ ਅੰਮ੍ਰਿਤ ਨਾਲ ਭਰਿਆ ਹੋਇਆ ਸਰੋਵਰ ਹੈ ('ਅੰਮ੍ਰਿਤਸਰੁ' ਹੈ। ਸੇਵਕ ਇਸ ਅੰਮ੍ਰਿਤ ਦੇ ਸਰੋਵਰ ਗੁਰੂ ਦੀ ਸਰਨ ਪੈਂਦਾ ਹੈ, ਫਿਰ ਇਥੋਂ) ਜੋ ਕੁਝ ਮੰਗਦਾ ਹੈ ਉਹ ਫਲ ਲੈ ਲੈਂਦਾ ਹੈ।

43267	1011	ਨਾਮੁ ਪਦਾਰਥੁ ਅਮਰੁ ਹੈ ਹਿਰਦੈ ਮੰਨਿ ਵਸਾਏ॥		Naam Padhaarathh Amar Hai Hiradhai Mann Vasaaeae ||	The treasure of the Naam brings immortality; enshrine it in your heart and mind.	(ਗੁਰੂ ਦੀ ਮੇਹਰ ਨਾਲ ਸੇਵਕ ਆਪਣੇ) ਹਿਰਦੇ ਵਿਚ ਮਨ ਵਿਚ ਪਰਮਾਤਮਾ ਦਾ ਨਾਮ ਵਸਾਂਦਾ ਹੈ ਜੋ (ਅਸਲ) ਸਰਮਾਇਆ ਹੈ ਤੇ ਜੋ ਕਦੇ ਮੁੱਕਣ ਵਾਲਾ ਨਹੀਂ।
43268	1012	ਗੁਰ ਸੇਵਾ ਸਦਾ ਸੁਖੁ ਹੈ ਜਿਸ ਨੋ ਹੁਕਮੁ ਮਨਾਏ॥੭॥		Gur Saevaa Sadhaa Sukh Hai Jis No Hukam Manaaeae ||7||	Serving the Guru, eternal peace is obtained, by those whom the Lord inspires to obey the Hukam of His Command. ||7||	ਗੁਰੂ ਜਿਸ ਸੇਵਕ ਤੋਂ ਪਰਮਾਤਮਾ ਦਾ ਹੁਕਮ ਮਨਾਂਦਾ ਹੈ ਉਸ ਸੇਵਕ ਨੂੰ ਗੁਰੂ ਦੀ (ਇਸ ਦੱਸੀ) ਸੇਵਾ ਨਾਲ ਸਦਾ ਆਤਮਕ ਆਨੰਦ ਮਿਲਿਆ ਰਹਿੰਦਾ ਹੈ ॥੭॥
43269	1012	ਸੁਇਨਾ ਰੁਪਾ ਸਭ ਧਾਤੁ ਹੈ ਮਾਟੀ ਰਲਿ ਜਾਈ॥	ਰੁੱਪਾ ਚਾਂਦੀ	Sueinaa Rupaa Sabh Dhhaath Hai Maattee Ral Jaaee ||	Gold and silver, and all metals, mix with dust in the end	ਸੋਨਾ ਚਾਂਦੀ ਆਦਿਕ ਸਭ (ਨਾਸਵੰਤ) ਮਾਇਆ ਹੈ (ਜਦੋਂ ਜੀਵ ਸਰੀਰ ਤਿਆਗਦਾ ਹੈ ਉਸ ਦੇ ਭਾ ਦੀ ਇਹ) ਮਿੱਟੀ ਵਿਚ ਰਲ ਜਾਂਦੀ ਹੈ (ਕਿਉਂਕਿ ਉਸ ਦੇ ਕਿਸੇ ਕੰਮ ਨਹੀਂ ਆਉਂਦੀ)।
43270	1012	ਬਿਨੁ ਨਾਵੈ ਨਾਲਿ ਨ ਚਲਈ ਸਤਿਗੁਰਿ ਬੂਝ ਬੁਝਾਈ॥	ਬੂੱਝ ਬੁੱਝਾਈ	Bin Naavai Naal N Chalee Sathigur Boojh Bujhaaee ||	Without the Name, nothing goes along with you; the True Guru has imparted this understanding.	ਸਤਿਗੁਰੂ ਨੇ (ਪ੍ਰਭੂ ਦੇ ਸੇਵਕ ਨੂੰ ਇਹ) ਸੂਝ ਦੇ ਦਿੱਤੀ ਹੈ ਕਿ ਪਰਮਾਤਮਾ ਦੇ ਨਾਮ ਤੋਂ ਬਿਨਾ (ਸੋਨਾ ਚਾਂਦੀ ਆਦਿਕ ਕੋਈ ਚੀਜ਼ ਜੀਵ ਦੇ) ਨਾਲ ਨਹੀਂ ਜਾਂਦੀ।

43271	1012	ਨਾਨਕ ਨਾਮਿ ਰਤੇ ਸੇ ਨਿਰਮਲੇ ਸਾਚੈ ਰਹੇ ਸਮਾਈ॥੮॥੫॥		Naanak Naam Rathae Sae Niramalae Saachai Rehae Samaaee ||8||5||	O Nanak, those who are attuned to the Naam are immaculate and pure; they remain merged in the Truth. ||8||5||	ਹੇ ਨਾਨਕ! (ਗੁਰੂ ਦੀ ਕਿਰਪਾ ਨਾਲ) ਜੇਹੜੇ ਬੰਦੇ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ ਉਹ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ, ਉਹ ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਲੀਨ ਰਹਿੰਦੇ ਹਨ ॥੮॥੫॥
43272	1012	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
43273	1012	ਹੁਕਮੁ ਭਇਆ ਰਹਣਾ ਨਹੀ ਧੁਰਿ ਫਾਟੇ ਚੀਰੈ॥		Hukam Bhaeiaa Rehanaa Nehee Dhhur Faattae Cheerai ||	The Order is issued, and he cannot remain; the permit to stay has been torn up.	ਜਦੋਂ (ਪਰਮਾਤਮਾ ਦਾ) ਹੁਕਮ ਹੋ ਜਾਂਦਾ ਹੈ ਜਦੋਂ (ਕਿਸੇ ਦੀ) ਚਿੱਠੀ ਧੁਰ (ਦਰਗਾਹ) ਤੋਂ ਪਾਟ ਜਾਂਦੀ ਹੈ, ਤਾਂ ਉਹ (ਇਸ ਸੰਸਾਰ ਵਿਚ) ਰਹਿ ਨਹੀਂ ਸਕਦਾ।
43274	1012	ਏਹੁ ਮਨੁ ਅਵਗਣਿ ਬਾਧਿਆ ਸਹੁ ਦੇਹ ਸਰੀਰੈ॥		Eaehu Man Avagan Baadhhiaa Sahu Dhaeh Sareerai ||	This mind is tied to its faults; it suffers terrible pain in its body.	(ਜਦ ਤਕ ਤੇਰਾ) ਇਹ ਮਨ ਔਗੁਣਾਂ (ਦੀ ਫਾਹੀ) ਵਿਚ ਬੱਝਾ ਹੋਇਆ ਹੈ (ਤਦ ਤਕ ਆਪਣੇ ਇਸ) ਸਰੀਰ ਵਿਚ (ਦੁੱਖ) ਸਹਾਰ।
43275	1012	ਪੂਰੈ ਗੁਰਿ ਬਖਸਾਈਅਹਿ ਸਭਿ ਗੁਨਹ ਫਕੀਰੈ॥੧॥	ਬਖਸਾਈ-ਅਹਿ	Poorai Gur Bakhasaaeeahi Sabh Guneh Fakeerai ||1||	The Perfect Guru forgives all the mistakes of the beggar at His Door. ||1||	ਜੇਹੜਾ ਮਨੁੱਖ ਪੂਰੇ ਗੁਰੂ ਦੀ ਰਾਹੀਂ ਪਰਮਾਤਮਾ ਦੇ ਦਰ ਦਾ ਮੰਗਤਾ ਬਣਦਾ ਹੈ ਉਸ ਦੇ ਸਾਰੇ ਗੁਨਾਹ ਬਖ਼ਸ਼ੇ ਜਾਂਦੇ ਹਨ ॥੧॥

43276	1012	ਕਿਉ ਰਹੀਐ ਉਠਿ ਚਲਣਾ ਬੁਝੁ ਸਬਦ ਬੀਚਾਰਾ॥	ਬੁੱਝੁ	Kio Reheeai Outh Chalanaa Bujh Sabadh Beechaaraa ||	How can he stay here? He must get up and depart. Contemplate the Word of the Shabad, and understand this.	(ਹੁਣੇ ਹੁਣੇ ਵੇਲਾ ਹੈ) ਗੁਰੂ ਦੇ ਸ਼ਬਦ ਦੀ ਵਿਚਾਰ ਸਮਝ, (ਇਥੇ ਸਦਾ) ਟਿਕੇ ਨਹੀਂ ਰਹਿ ਸਕੀਦਾ, (ਜਦੋਂ ਪ੍ਰਭੂ ਦਾ ਹੁਕਮ ਆਇਆ, ਤਦੋਂ) ਇਥੋਂ ਚੱਲਣਾ ਹੀ ਪਏਗਾ।
43277	1012	ਜਿਸੁ ਤੂ ਮੇਲਹਿ ਸੋ ਮਿਲੈ ਧੁਰਿ ਹੁਕਮੁ ਅਪਾਰਾ॥੧॥ਰਹਾਉ ॥		Jis Thoo Maelehi So Milai Dhhur Hukam Apaaraa ||1|| Rehaao ||	He alone is united, whom You, O Lord, unite. Such is the Primal Command of the Infinite Lord. ||1||Pause||	(ਪਰ, ਹੇ ਪ੍ਰਭੂ! ਜੀਵਾਂ ਦੇ ਕੀਹ ਵੱਸ?) ਹੇ ਬੇਅੰਤ ਪ੍ਰਭੂ! ਤੈਨੂੰ ਉਹੀ ਮਨੁੱਖ ਮਿਲ ਸਕਦਾ ਹੈ ਜਿਸ ਨੂੰ ਤੂੰ ਆਪ ਮਿਲਾਏਂ, ਧੁਰ ਤੋਂ ਤੇਰਾ (ਅਜੇਹਾ ਹੀ) ਹੁਕਮ ਹੈ (ਅਜੇਹੀ ਹੀ ਰਜ਼ਾ ਹੈ) ॥੧॥ ਰਹਾਉ ॥
43278	1012	ਜਿਉ ਤੂ ਰਾਖਹਿ ਤਿਉ ਰਹਾ ਜੋ ਦੇਹਿ ਸੁ ਖਾਉ॥		Jio Thoo Raakhehi Thio Rehaa Jo Dhaehi S Khaao ||	As You keep me, I remain; whatever You give me, I eat.	(ਪਰ ਅਸਾਂ ਜੀਵਾਂ ਦੇ ਵੱਸ ਦੀ ਗੱਲ ਨਹੀਂ) ਹੇ ਪ੍ਰਭੂ! ਜਿਸ ਹਾਲਤ ਵਿਚ ਤੂੰ ਮੈਨੂੰ ਰੱਖਦਾ ਹੈਂ, ਮੈਂ ਉਸੇ ਹਾਲਤ ਵਿਚ ਰਹਿ ਸਕਦਾ ਹਾਂ, ਜੇਹੜੀ (ਆਤਮਕ ਖ਼ੁਰਾਕ) ਤੂੰ ਮੈਨੂੰ ਦੇਂਦਾ ਹੈਂ ਮੈਂ ਉਹੀ ਖਾਂਦਾ ਹਾਂ।
43279	1012	ਜਿਉ ਤੂ ਚਲਾਵਹਿ ਤਿਉ ਚਲਾ ਮੁਖਿ ਅੰਮ੍ਰਿਤ ਨਾਉ॥	ਚੱਲਾਂ	Jio Thoo Chalaavehi Thio Chalaa Mukh Anmrith Naao ||	As You lead me, I follow, with the Ambrosial Name in my mouth.	(ਆਤਮਕ ਜੀਵਨ ਦੇ ਰਸਤੇ ਤੇ) ਜਿਸ ਤਰ੍ਹਾਂ ਤੂੰ ਮੈਨੂੰ ਤੋਰਦਾ ਹੈਂ ਮੈਂ ਉਸੇ ਤਰ੍ਹਾਂ ਤੁਰਦਾ ਹਾਂ, ਤੇ ਆਪਣੇ ਮੂੰਹ ਵਿਚ ਆਤਮਕ ਜੀਵਨ ਦੇਣ ਵਾਲਾ ਤੇਰਾ ਨਾਮ ਪਾਂਦਾ ਹਾਂ।

43280	1012	ਮੇਰੇ ਠਾਕੁਰ ਹਥਿ ਵਡਿਆਈਆ ਮੇਲਹਿ ਮਨਿ ਚਾਉ॥੨॥		Maerae Thaakur Hathh Vaddiaaeeaa Maelehi Man Chaao ||2||	All glorious greatness rests in the hands of my Lord and Master; my mind yearns to unite with You. ||2||	ਹੇ ਮੇਰੇ ਠਾਕੁਰ! ਤੇਰੇ ਆਪਣੇ ਹੱਥ ਵਿਚ ਵਡਿਆਈਆਂ ਹਨ (ਜਿਸ ਨੂੰ ਤੂੰ ਵਡਿਆਈ ਬਖ਼ਸ਼ਦਾ ਹੈਂ ਜਿਸ ਨੂੰ ਤੂੰ ਆਪਣੇ ਚਰਨਾਂ ਵਿਚ) ਜੋੜਦਾ ਹੈਂ ਉਸ ਦੇ ਮਨ ਵਿਚ (ਤੇਰੀ ਭਗਤੀ ਦਾ) ਚਾਉ ਪੈਦਾ ਹੋ ਜਾਂਦਾ ਹੈ ॥੨॥
43281	1012	ਕੀਤਾ ਕਿਆ ਸਾਲਾਹੀਐ ਕਰਿ ਦੇਖੈ ਸੋਈ॥		Keethaa Kiaa Saalaaheeai Kar Dhaekhai Soee ||	Why should anyone praise any other created being? That Lord acts and sees.	(ਪਰਮਾਤਮਾ ਦੀ ਸਿਫ਼ਤ-ਸਾਲਾਹ ਛੱਡ ਕੇ ਪਰਮਾਤਮਾ ਦੇ) ਪੈਦਾ ਕੀਤੇ ਹੋਏ ਦੀ ਵਡਿਆਈ ਕਰਨ ਤੋਂ ਕੋਈ (ਆਤਮਕ) ਲਾਭ ਨਹੀਂ ਹੋਵੇਗਾ (ਵਡਿਆਈਆਂ ਉਸ ਕਰਤਾਰ ਦੀਆਂ ਕਰੋ) ਜੋ (ਜਗਤ-ਰਚਨਾ) ਕਰ ਕੇ ਆਪ ਹੀ (ਉਸ ਦੀ) ਸੰਭਾਲ ਭੀ ਕਰਦਾ ਹੈ।
43282	1012	ਜਿਨਿ ਕੀਆ ਸੋ ਮਨਿ ਵਸੈ ਮੈ ਅਵਰੁ ਨ ਕੋਈ॥		Jin Keeaa So Man Vasai Mai Avar N Koee ||	The One who created me, abides within my mind; there is no other at all.	ਜਿਸ ਕਰਤਾਰ ਨੇ ਜਗਤ ਰਚਿਆ ਹੈ ਉਹੀ (ਮੇਰੇ) ਮਨ ਵਿਚ ਵੱਸਦਾ ਹੈ। ਮੈਨੂੰ ਉਸ ਵਰਗਾ ਕੋਈ ਹੋਰ ਨਹੀਂ ਦਿੱਸਦਾ।
43283	1012	ਸੋ ਸਾਚਾ ਸਾਲਾਹੀਐ ਸਾਚੀ ਪਤਿ ਹੋਈ॥੩॥		So Saachaa Saalaaheeai Saachee Path Hoee ||3||	So praise that True Lord, and you shall be blessed with true honor. ||3||	ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਹੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ (ਜੇਹੜਾ ਕਰਦਾ ਹੈ ਉਸ ਨੂੰ) ਸਦਾ ਦੀ ਇੱਜ਼ਤ ਮਿਲ ਜਾਂਦੀ ਹੈ ॥੩॥

43284	1012	ਪੰਡਿਤੁ ਪੜਿ ਨ ਪਹੁਚਈ ਬਹੁ ਆਲ ਜੰਜਾਲਾ॥		Panddith Parr N Pahuchee Bahu Aal Janjaalaa ||	The Pandit, the religious scholar, reads, but does not reach the Lord; he is totally entangled in worldly affairs.	ਪੰਡਿਤ (ਸ਼ਾਸਤ੍ਰ ਪੁਰਾਣ ਆਦਿਕ ਧਰਮ-ਪੁਸਤਕਾਂ ਨਿਰੀਆਂ) ਪੜ੍ਹ ਕੇ (ਉਸ ਅਵਸਥਾ ਤੇ) ਨਹੀਂ ਪਹੁੰਚਦਾ (ਜਿਥੇ ਪਰਮਾਤਮਾ ਨਾਲੋਂ ਵਿਛੋੜਾ ਮੁੱਕ ਜਾਏ, ਕਿਉਂਕਿ ਪੜ੍ਹ ਪੜ੍ਹ ਕੇ ਭੀ) ਉਹ ਮਾਇਆ ਦੇ ਜੰਜਾਲਾਂ ਵਿਚ ਬਹੁਤ ਫਸਿਆ ਰਹਿੰਦਾ ਹੈ।
43285	1012	ਪਾਪ ਪੁੰਨ ਦੁਇ ਸੰਗਮੇ ਖੁਧਿਆ ਜਮਕਾਲਾ॥		Paap Punn Dhue Sangamae Khudhhiaa Jamakaalaa ||	He keeps the company of both virtue and vice, tormented by hunger and the Messenger of Death.	(ਧਰਮ ਸ਼ਾਸਤ੍ਰਾਂ ਅਨੁਸਾਰ) ਪਾਪ ਕੀਹ ਹੈ ਤੇ ਪੁੰਨ ਕੀਹ ਹੈ ਇਹ ਵਿਚਾਰ ਕਰਦਾ ਹੋਇਆ ਭੀ ਉਹ ਦ੍ਵੈਤ ਦੀ ਫਾਹੀ ਵਿਚ ਹੀ ਰਹਿੰਦਾ ਹੈ, ਮਾਇਆ ਦੀ ਭੁੱਖ ਤੇ ਆਤਮਕ ਮੌਤ (ਮੌਤ ਦਾ ਡਰ) ਉਸ ਦੇ ਸਿਰ ਤੇ ਕਾਇਮ ਰਹਿੰਦੇ ਹਨ।
43286	1012	ਵਿਛੋੜਾ ਭਉ ਵੀਸਰੈ ਪੂਰਾ ਰਖਵਾਲਾ॥੪॥		Vishhorraa Bho Veesarai Pooraa Rakhavaalaa ||4||	One who is protected by the Perfect Lord, forgets separation and fear. ||4||	ਪਰਮਾਤਮਾ ਦੇ ਚਰਨਾਂ ਤੋਂ ਵਿਛੋੜਾ ਤੇ ਸਹਿਮ ਉਸ ਮਨੁੱਖ ਦਾ ਹੀ ਮੁੱਕਦਾ ਹੈ ਜਿਸ ਦੇ ਮਨ ਵਿਚ ਹਰ ਤਰ੍ਹਾਂ ਰੱਖਿਆ ਕਰਨ ਵਾਲਾ ਪਰਮਾਤਮਾ ਵੱਸਿਆ ਰਹਿੰਦਾ ਹੈ ॥੪॥
43287	1012	ਜਿਨ ਕੀ ਲੇਖੈ ਪਤਿ ਪਵੈ ਸੇ ਪੂਰੇ ਭਾਈ॥		Jin Kee Laekhai Path Pavai Sae Poorae Bhaaee ||	They alone are perfect, O Siblings of Destiny, whose honor is certified.	ਹੇ ਭਾਈ1 ਕੀਤੇ ਕਰਮਾਂ ਦਾ ਹਿਸਾਬ ਹੋਣ ਤੇ ਜਿਨ੍ਹਾਂ ਨੂੰ ਇੱਜ਼ਤ ਮਿਲਦੀ ਹੈ ਉਹ ਪੂਰੇ ਭਾਂਡੇ ਸਮਝੇ ਜਾਂਦੇ ਹਨ।

43288	1012	ਪੂਰੇ ਪੂਰੀ ਮਤਿ ਹੈ ਸਚੀ ਵਡਿਆਈ॥		Poorae Pooree Math Hai Sachee Vaddiaaee ||	Perfect is the intellect of the Perfect Lord. True is His glorious greatness.	ਅਜੇਹੇ ਪੂਰਨ ਗੁਣਵਾਨ ਮਨੁੱਖ ਨੂੰ ਪਰਮਾਤਮਾ ਦੇ ਦਰ ਤੋਂ ਮੱਤ ਭੀ ਪੂਰੀ ਹੀ ਮਿਲਦੀ ਹੈ (ਜਿਸ ਕਰਕੇ ਉਹ ਭੁੱਲਣ ਵਾਲੇ ਜੀਵਨ-ਰਾਹ ਤੇ ਨਹੀਂ ਪੈਂਦਾ) ਤੇ ਸਦਾ-ਥਿਰ ਰਹਿਣ ਵਾਲੀ ਇੱਜ਼ਤ ਪ੍ਰਾਪਤ ਹੁੰਦੀ ਹੈ।
43289	1012	ਦੇਦੇ ਤੋਟਿ ਨ ਆਵਈ ਲੈ ਲੈ ਥਕਿ ਪਾਈ॥੫॥	ਦੇਂਦੇ, ਥੱਕਿ	Dhaedhae Thott N Aavee Lai Lai Thhak Paaee ||5||	His gifts never run short, although those who receive may grow weary of receiving. ||5||	(ਉਹ ਪਰਮਾਤਮਾ ਬੇਅੰਤ ਦਾਤਾਂ ਦਾ ਮਾਲਕ ਹੈ, ਜੀਵ ਨੂੰ) ਸਦਾ ਦੇਂਦਾ ਹੈ (ਉਸ ਦੇ ਖ਼ਜ਼ਾਨੇ ਵਿਚ) ਘਾਟਾ ਨਹੀਂ ਪੈਂਦਾ, ਜੀਵ ਦਾਤਾਂ ਲੈ ਲੈ ਕੇ ਥੱਕ ਜਾਂਦਾ ਹੈ ॥੫॥
43290	1012	ਖਾਰ ਸਮੁਦ੍ਰੁ ਢੰਢੋਲੀਐ ਇਕੁ ਮਣੀਆ ਪਾਵੈ॥	ਸਮੁਦ੍ਰੁ	Khaar Samudhra Dtandtoleeai Eik Maneeaa Paavai ||	Searching the salty sea, one finds the pearl.	(ਇਸ ਗੱਲ ਦੀ ਬੜੀ ਵਡਿਆਈ ਕੀਤੀ ਜਾਂਦੀ ਹੈ ਕਿ ਦੇਵਤਿਆਂ ਨੇ ਸਮੁੰਦਰ ਰਿੜਕਿਆ ਤੇ ਉਸ ਵਿਚੋਂ ਚੌਦਾਂ ਰਤਨ ਨਿਕਲੇ, ਭਲਾ) ਜੇ ਖਾਰਾ ਸਮੁੰਦਰ ਰਿੜਕਿਆ ਜਾਏ, ਉਸ ਵਿਚੋਂ ਕੋਈ ਮਨੁੱਖ ਇਕ ਰਤਨ ਲੱਭ ਲਏ,
43291	1012	ਦੁਇ ਦਿਨ ਚਾਰਿ ਸੁਹਾਵਣਾ ਮਾਟੀ ਤਿਸੁ ਖਾਵੈ॥		Dhue Dhin Chaar Suhaavanaa Maattee This Khaavai ||	It looks beautiful for a few days, but in the end, it is eaten away by dust.	(ਤਾਂ ਭੀ ਆਖ਼ਰ ਕੇਹੜੀ ਮੱਲ ਮਾਰ ਲਈ? ਉਹ ਰਤਨ) ਦੋ ਚਾਰ ਦਿਨ ਹੀ ਸੋਹਣਾ ਲੱਗਦਾ ਹੈ (ਅੰਤ) ਉਸ ਰਤਨ ਨੂੰ ਕਦੇ ਮਿੱਟੀ ਹੀ ਖਾ ਜਾਂਦੀ ਹੈ।

43292	1012	ਗੁਰੁ ਸਾਗਰੁ ਸਤਿ ਸੇਵੀਐ ਦੇ ਤੋਟਿ ਨ ਆਵੈ॥੬॥		Gur Saagar Sath Saeveeai Dhae Thott N Aavai ||6||	If one serves the Guru, the ocean of Truth, the gifts one receives never run short. ||6||	(ਸਤਿਗੁਰੂ ਅਸਲ ਸਮੁੰਦਰ ਹੈ) ਜੇ ਸਤਿਗੁਰੂ ਸਮੁੰਦਰ ਨੂੰ ਸੇਵਿਆ ਜਾਏ (ਜੇ ਗੁਰੂ-ਸਮੁੰਦਰ ਦੀ ਸਰਨ ਪਈਏ, ਤਾਂ ਗੁਰੂ-ਸਮੁੰਦਰ ਐਸਾ ਨਾਮ-ਰਤਨ) ਦੇਂਦਾ ਹੈ ਜਿਸ ਨੂੰ ਕਦੇ ਘਾਟਾ ਨਹੀਂ ਪੈ ਸਕਦਾ ॥੬॥
43293	1012	ਮੇਰੇ ਪ੍ਰਭ ਭਾਵਨਿ ਸੇ ਊਜਲੇ ਸਭ ਮੈਲੁ ਭਰੀਜੈ॥		Maerae Prabh Bhaavan Sae Oojalae Sabh Mail Bhareejai ||	They alone are pure, who are pleasing to my God; all others are soiled with filth.	ਸਾਰੀ ਲੋਕਾਈ (ਮਾਇਆ ਦੇ ਮੋਹ ਦੀ) ਮੈਲ ਨਾਲ ਭਰੀ ਹੋਈ ਹੈ, ਸਿਰਫ਼ ਉਹ ਬੰਦੇ ਸਾਫ਼-ਸੁਥਰੇ ਹਨ ਜੇਹੜੇ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ।
43294	1012	ਮੈਲਾ ਊਜਲੁ ਤਾ ਥੀਐ ਪਾਰਸ ਸੰਗਿ ਭੀਜੈ॥		Mailaa Oojal Thaa Thheeai Paaras Sang Bheejai ||	The filthy become pure, when they meet with the Guru, the Philosopher's Stone.	(ਮਾਇਆ ਦੇ ਮੋਹ ਨਾਲ) ਮਲੀਨ-ਮਨ ਹੋਇਆ ਬੰਦਾ ਤਦੋਂ ਹੀ ਪਵਿਤ੍ਰ ਹੋ ਸਕਦਾ ਹੈ ਜਦੋਂ ਉਹ ਗੁਰੂ-ਪਾਰਸ ਦੀ ਸੰਗਤ ਵਿਚ ਰਹਿ ਕੇ (ਪਰਮਾਤਮਾ ਦੇ ਨਾਮ-ਅੰਮ੍ਰਿਤ ਨਾਲ) ਭਿੱਜਦਾ ਹੈ।
43295	1012	ਵੰਨੀ ਸਾਚੇ ਲਾਲ ਕੀ ਕਿਨਿ ਕੀਮਤਿ ਕੀਜੈ॥੭॥		Vannee Saachae Laal Kee Kin Keemath Keejai ||7||	Who can estimate the value of the color of the true jewel? ||7||	ਸਦਾ-ਥਿਰ ਪ੍ਰਭੂ-ਲਾਲ ਦਾ ਨਾਮ-ਰੰਗ ਉਸ ਨੂੰ ਐਸਾ ਚੜ੍ਹਦਾ ਹੈ ਕਿ ਕਿਸੇ ਪਾਸੋਂ ਉਸ ਦਾ ਮੁੱਲ ਨਹੀਂ ਪੈ ਸਕਦਾ ॥੭॥

43296	1012	ਭੇਖੀ ਹਾਥ ਨ ਲਭਈ ਤੀਰਥਿ ਨਹੀ ਦਾਨੇ॥	ਭੇਖੀਂ, ਲੱ-ਭਈ	Bhaekhee Haathh N Labhee Theerathh Nehee Dhaanae ||	Wearing religious robes, the Lord is not obtained, nor is He obtained by giving donations at sacred shrines of pilgrimage.	ਪਰ ਉਸ ਨਾਮ-ਰੰਗ ਦੀ ਡੂੰਘਾਈ ਬਾਹਰਲੇ ਧਾਰਮਿਕ ਪਹਿਰਾਵਿਆਂ ਨਾਲ ਨਹੀਂ ਲੱਭ ਸਕਦੀ, ਤੀਰਥ ਤੇ ਇਸ਼ਨਾਨ ਕੀਤਿਆਂ ਤੇ ਦਾਨ-ਪੁੰਨ ਕੀਤਿਆਂ ਭੀ ਨਹੀਂ ਲੱਭਦੀ।
43297	1012	ਪੂਛਉ ਬੇਦ ਪੜੰਤਿਆ ਮੂਠੀ ਵਿਣੁ ਮਾਨੇ॥	ਪੜ੍ਹੰਤਿਆਂ	Pooshho Baedh Parranthiaa Moothee Vin Maanae ||	Go and ask the readers of the Vedas; without faith, the world is cheated.	ਮੈਂ ਵੇਦ ਪੜ੍ਹਨ ਵਾਲਿਆਂ ਤੋਂ ਇਹ ਭੇਦ ਪੁੱਛਦਾ ਹਾਂ (ਧਾਰਮਿਕ ਪੁਸਤਕਾਂ ਪੜ੍ਹਨ ਨਾਲ ਭੀ ਨਾਮ-ਰੰਗ ਦੀ ਡੂੰਘਾਈ ਦੀ ਸਮਝ ਨਹੀਂ ਪੈਂਦੀ)। ਜਦ ਤਕ ਨਾਮ-ਰੰਗ ਵਿਚ ਮਨ ਨਹੀਂ ਮੰਨਦਾ (ਮਨ ਨਹੀਂ ਭਿੱਜਦਾ ਤਦ ਤਕ ਸਾਰੀ ਲੋਕਾਈ ਹੀ ਮਾਇਆ-ਮੋਹ ਵਿਚ) ਠੱਗੀ ਜਾ ਰਹੀ ਹੈ।
43298	1012	ਨਾਨਕ ਕੀਮਤਿ ਸੋ ਕਰੇ ਪੂਰਾ ਗੁਰੁ ਗਿਆਨੇ॥੮॥੬॥		Naanak Keemath So Karae Pooraa Gur Giaanae ||8||6||	O Nanak, he alone values the jewel, who is blessed with the spiritual wisdom of the Perfect Guru. ||8||6||	ਹੇ ਨਾਨਕ! ਨਾਮ-ਰੰਗ ਦੀ ਕਦਰ ਉਹੀ ਮਨੁੱਖ ਕਰਦਾ ਹੈ ਜਿਸ ਨੂੰ ਪੂਰਾ ਗੁਰੂ ਮਿਲਦਾ ਹੈ ਤੇ (ਗੁਰੂ ਦੀ ਰਾਹੀਂ ਪਰਮਾਤਮਾ ਨਾਲ) ਡੂੰਘੀ ਸਾਂਝ ਪ੍ਰਾਪਤ ਹੁੰਦੀ ਹੈ ॥੮॥੬॥
43299	1012	ਮਾਰੂ ਮਹਲਾ ੧॥		Maaroo Mehalaa 1 ||	Maaroo, Fifth Mehl:	

43300	1012	ਮਨਮੁਖੁ ਲਹਰਿ ਘਰੁ ਤਜਿ ਵਿਗੂਚੈ ਅਵਰਾ ਕੇ ਘਰ ਹੇਰੈ॥	ਲ–ਹਰਿ	Manamukh Lehar Ghar Thaj Vigoochai Avaraa Kae Ghar Haerai ||	The self-willed manmukh, in a fit of passion, abandons his home, and is ruined; then, he spies on the homes of others.	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਤਿਆਗ ਦੇ) ਜੋਸ਼ ਵਿਚ ਆਪਣਾ ਘਰ ਤਿਆਗ ਕੇ (ਫਿਰ ਰੋਟੀ ਆਦਿਕ ਦੀ ਖ਼ਾਤਰ) ਹੋਰਨਾਂ ਦੇ ਘਰ ਤੱਕਦਾ ਫਿਰਦਾ ਹੈ।
43301	1012	ਗ੍ਰਿਹ ਧਰਮੁ ਗਵਾਏ ਸਤਿਗੁਰੁ ਨ ਭੇਟੈ ਦੁਰਮਤਿ ਘੂਮਨ ਘੇਰੈ॥		Grih Dhharam Gavaaeae Sathigur N Bhaettai Dhuramath Ghooman Ghaerai ||	He neglects his household duties, and does not meet with the True Guru; he is caught in the whirlpool of evil-mindedness.	ਗ੍ਰਿਹਸਤ ਨਿਬਾਹੁਣ ਦਾ ਫ਼ਰਜ਼ (ਕਿਰਤ ਕਰਨੀ) ਛੱਡ ਦੇਂਦਾ ਹੈ (ਇਸ ਗ਼ਲਤ ਤਿਆਗ ਨਾਲ ਉਸ ਨੂੰ) ਸਤਿਗੁਰੂ (ਭੀ) ਨਹੀਂ ਮਿਲਦਾ, ਤੇ ਆਪਣੀ ਭੈੜੀ ਮੱਤ ਦੀ ਘੁੰਮਣ-ਘੇਰੀ ਵਿਚ (ਗੋਤੇ ਖਾਂਦਾ ਹੈ)।
43302	1012	ਦਿਸੰਤਰੁ ਭਵੈ ਪਾਠ ਪੜਿ ਥਾਕਾ ਤ੍ਰਿਸਨਾ ਹੋਇ ਵਧੇਰੈ॥		Dhisanthar Bhavai Paath Parr Thhaakaa Thrisanaa Hoe Vadhhaerai ||	Wandering in foreign lands and reading scriptures, he grows weary, and his thirsty desires only increase.	(ਆਪਣਾ ਘਰ ਛੱਡ ਕੇ) ਹੋਰ ਹੋਰ ਦੇਸਾਂ (ਦਾ) ਰਟਨ ਕਰਦਾ ਫਿਰਦਾ ਹੈ, (ਧਰਮ-ਪੁਸਤਕਾਂ ਦੇ) ਪਾਠ ਪੜ੍ਹ ਪੜ੍ਹ ਕੇ ਭੀ ਥੱਕ ਜਾਂਦਾ ਹੈ, (ਪਰ ਮਾਇਆ ਦੀ) ਤ੍ਰਿਸ਼ਨਾ (ਮੁੱਕਣ ਦੇ ਥਾਂ ਸਗੋਂ) ਵਧਦੀ ਜਾਂਦੀ ਹੈ।
43303	1012	ਕਾਚੀ ਪਿੰਡੀ ਸਬਦੁ ਨ ਚੀਨੈ ਉਦਰੁ ਭਰੈ ਜੈਸੇ ਢੋਰੈ॥੧॥		Kaachee Pinddee Sabadh N Cheenai Oudhar Bharai Jaisae Dtorai ||1||	His perishable body does not remember the Word of the Shabad; like a beast, he fills his belly. ||1||	ਹੋਛੀ ਮੱਤ ਵਾਲਾ (ਮਨਮੁਖ) ਗੁਰੂ ਦੇ ਸ਼ਬਦ ਨੂੰ ਨਹੀਂ ਵਿਚਾਰਦਾ, (ਤੇ ਲੋਕਾਂ ਦੇ ਘਰਾਂ ਤੋਂ ਵੇਹਲੜ) ਪਸ਼ੂਆਂ ਵਾਂਗ ਆਪਣਾ ਢਿੱਡ ਭਰਦਾ ਹੈ ॥੧॥

43304	1012	ਬਾਬਾ ਐਸੀ ਰਵਤ ਰਵੈ ਸੰਨਿਆਸੀ॥		Baabaa Aisee Ravath Ravai Sanniaasee ||	O Baba, this is the way of life of the Sannyaasi, the renunciate.	ਹੇ ਪ੍ਰਭੂ! ਅਸਲ ਸੰਨਿਆਸੀ ਉਹ ਹੈ ਜੋ ਅਜੇਹਾ ਜੀਵਨ ਜੀਵੇ,
43305	1012	ਗੁਰ ਕੈ ਸਬਦਿ ਏਕ ਲਿਵ ਲਾਗੀ ਤੇਰੈ ਨਾਮਿ ਰਤੇ ਤ੍ਰਿਪਤਾਸੀ॥੧॥ਰਹਾਉ॥		Gur Kai Sabadh Eaek Liv Laagee Thaerai Naam Rathae Thripathaasee ||1|| Rehaao ||	Through the Word of the Guru's Shabad, he is to enshrine love for the One Lord. Imbued with Your Name, Lord, he remains satisfied and fulfilled. ||1||Pause||	ਕਿ ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਦੀ ਲਗਨ ਇਕ (ਤੇਰੇ ਚਰਨਾਂ) ਵਿਚ ਲੱਗੀ ਰਹੇ। ਤੇਰੇ ਨਾਮ-ਰੰਗ ਵਿਚ ਰੰਗੀਜ ਕੇ (ਮਾਇਆ ਵਲੋਂ) ਉਸ ਨੂੰ ਸਦਾ ਤ੍ਰਿਪਤੀ ਰਹੇਗੀ ॥੧॥ ਰਹਾਉ ॥
43306	1012	ਘੋਲੀ ਗੇਰੂ ਰੰਗੁ ਚੜਾਇਆ ਵਸਤ੍ਰ ਭੇਖ ਭੇਖਾਰੀ॥	ਘੋਲੀ: ਪੋਲਾ ਬੋਲੋ। ਚੜ੍ਹਾਇਆ	Gholee Gaeroo Rang Charraaeiaa Vasathr Bhaekh Bhaekhaaree ||	He dyes his robes with saffron dye, and wearing these robes, he goes out begging.	ਮਨਮੁਖ ਬੰਦਾ ਗੇਰੀ ਘੋਲਦਾ ਹੈ, ਉਸ ਦਾ ਰੰਗ (ਆਪਣੇ ਕੱਪੜਿਆਂ ਉਤੇ) ਚਾੜ੍ਹਦਾ ਹੈ, ਧਾਰਮਿਕ ਪਹਿਰਾਵੇ ਵਾਲੇ ਕੱਪੜੇ ਪਾ ਕੇ ਭਿਖਾਰੀ ਬਣ ਜਾਂਦਾ ਹੈ।
43307	1012	ਕਾਪੜ ਫਾਰਿ ਬਨਾਈ ਖਿੰਥਾ ਝੋਲੀ ਮਾਇਆਧਾਰੀ॥		Kaaparr Faar Banaaee Khinthhaa Jholee Maaeiaadhhaaree ||	Tearing his robes, he makes a patched coat, and puts the money in his wallet.	ਕੱਪੜੇ ਪਾੜ ਕੇ (ਪਹਿਨਣ ਲਈ) ਗੋਦੜੀ ਬਣਾਂਦਾ ਹੈ, ਤੇ (ਅੰਨ ਆਟਾ ਆਦਿਕ) ਮਾਇਆ ਪਾਣ ਲਈ ਝੋਲੀ (ਤਿਆਰ ਕਰ ਲੈਂਦਾ ਹੈ)।

43308	1012	ਘਰਿ ਘਰਿ ਮਾਗੈ ਜਗੁ ਪਰਬੋਧੈ ਮਨਿ ਅੰਧੈ ਪਤਿ ਹਾਰੀ॥		Ghar Ghar Maagai Jag Parabodhhai Man Andhhai Path Haaree ||	From house to house he goes begging, and tries to teach the world; but his mind is blind, and so he loses his honor.	(ਆਪ ਤਾਂ) ਹਰੇਕ ਘਰ ਵਿਚ (ਜਾ ਕੇ ਭਿੱਛਿਆ) ਮੰਗਦਾ ਹੈ ਪਰ ਜਗਤ ਨੂੰ (ਸਤ ਧਰਮ ਦਾ) ਉਪਦੇਸ਼ ਕਰਦਾ ਹੈ, ਆਪਣਾ ਮਨ ਅੰਨ੍ਹਾ ਹੋਣ ਦੇ ਕਾਰਨ ਮਨਮੁਖ ਆਪਣੀ ਇੱਜ਼ਤ ਗਵਾ ਲੈਂਦਾ ਹੈ।
43309	1012	ਭਰਮਿ ਭੁਲਾਣਾ ਸਬਦੁ ਨ ਚੀਨੈ ਜੂਐ ਬਾਜੀ ਹਾਰੀ॥੨॥		Bharam Bhulaanaa Sabadh N Cheenai Jooai Baajee Haaree ||2||	He is deluded by doubt, and does not remember the Word of the Shabad. He loses his life in the gamble. ||2||	ਭਟਕਣਾ ਵਿਚ (ਪੈ ਕੇ ਜੀਵਨ-ਰਾਹ ਤੋਂ) ਖੁੰਝਿਆ ਹੋਇਆ ਗੁਰੂ ਦੇ ਸ਼ਬਦ ਨੂੰ ਪਛਾਣਦਾ ਨਹੀਂ (ਜਿਵੇਂ ਕੋਈ ਜੁਆਰੀਆ) ਜੂਏ ਵਿਚ ਬਾਜ਼ੀ ਹਾਰਦਾ ਹੈ (ਤਿਵੇਂ ਇਹ ਮਨਮੁਖ ਆਪਣੀ ਮਨੁੱਖਾ ਜਨਮ ਦੀ ਬਾਜ਼ੀ ਹਾਰ ਜਾਂਦਾ ਹੈ) ॥੨॥
43310	1013	ਅੰਤਰਿ ਅਗਨਿ ਨ ਗੁਰ ਬਿਨੁ ਬੂਝੈ ਬਾਹਰਿ ਪੂਅਰ ਤਾਪੈ॥	(ਪੂਅਰ) ਧੂਣੀ। ਬੂਝੈ: ਪੋਲਾ ਬੋਲੋ। ਤੱਾਪੈ	Anthar Agan N Gur Bin Boojhai Baahar Pooar Thaapai ||	Without the Guru, the fire within is not quenched; and outside, the fire still burns.	(ਆਪਣੇ ਵਲੋਂ ਤਿਆਗੀ ਬਣੇ ਹੋਏ ਮਨਮੁਖ ਦੇ) ਮਨ ਵਿਚ ਤ੍ਰਿਸ਼ਨਾ ਦੀ (ਬਲਦੀ) ਅੱਗ ਗੁਰੂ ਤੋਂ ਬਿਨਾ ਬੁੱਝਦੀ ਨਹੀਂ, ਪਰ ਬਾਹਰ ਧੂਣੀਆਂ ਤਪਾਂਦਾ ਹੈ।
43311	1013	ਗੁਰ ਸੇਵਾ ਬਿਨੁ ਭਗਤਿ ਨ ਹੋਵੀ ਕਿਉ ਕਰਿ ਚੀਨਸਿ ਆਪੈ॥		Gur Saevaa Bin Bhagath N Hovee Kio Kar Cheenas Aapai ||	Without serving the Guru, there is no devotional worship. How can anyone, by himself, know the Lord?	ਗੁਰੂ ਦੀ ਦੱਸੀ ਸੇਵਾ ਕਰਨ ਤੋਂ ਬਿਨਾ ਪਰਮਾਤਮਾ ਦੀ ਭਗਤੀ ਹੋ ਨਹੀਂ ਸਕਦੀ (ਇਹ ਮਨਮੁਖ) ਆਪਣੇ ਆਤਮਕ ਜੀਵਨ ਨੂੰ ਕਿਵੇਂ ਪਛਾਣੇ?

43312	1013	ਨਿੰਦਾ ਕਰਿ ਕਰਿ ਨਰਕ ਨਿਵਾਸੀ ਅੰਤਰਿ ਆਤਸ ਜਾਪੈ॥	(ਪਾਠੰਤ੍ਰ ਕਈ ਸਰੂਪਾ ਵਿੱਚ: ਆਤਮ ਜਾਪੈ)	Nindhaa Kar Kar Narak Nivaasee Anthar Aatham Jaapai ||	Slandering others, one lives in hell; within him is hazy darkness.	ਉਂਞ ਅੰਤਰ ਆਤਮੇ ਇਸ ਨੂੰ ਸੁੱਝਦਾ ਹੈ ਕਿ (ਕਿਰਤੀ ਗ੍ਰਿਹਸਤੀਆਂ ਦੀ) ਨਿੰਦਿਆ ਕਰ ਕਰ ਕੇ ਨਰਕੀ ਜੀਵਨ ਬਿਤੀਤ ਕਰ ਰਿਹਾ ਹੈ।
43313	1013	ਅਠਸਠਿ ਤੀਰਥ ਭਰਮਿ ਵਿਗੂਚਹਿ ਕਿਉ ਮਲੁ ਧੋਪੈ ਪਾਪੈ॥੩॥		Athasath Theerathh Bharam Vigoochehi Kio Mal Dhhopai Paapai ||3||	Wandering to the eixty-eight sacred shrines of pilgrimage, he is ruined. How can the filth of sin be washed away? ||3||	ਅਠਾਹਠ ਤੀਰਥਾਂ ਉਤੇ ਭੌਂ ਕੇ ਭੀ (ਮਨਮੁਖ ਤਿਆਗੀ) ਖ਼ੁਆਰ ਹੀ ਹੁੰਦੇ ਹਨ, (ਤੀਰਥਾਂ ਤੇ ਜਾਣ ਨਾਲ) ਪਾਪਾਂ ਦੀ ਮੈਲ ਕਿਵੇਂ ਧੁਪ ਸਕਦੀ ਹੈ? ॥੩॥
43314	1013	ਛਾਣੀ ਖਾਕੁ ਬਿਭੂਤ ਚੜਾਈ ਮਾਇਆ ਕਾ ਮਗੁ ਜੋਹੈ॥	ਚੜ੍ਹਾਈ	Shhaanee Khaak Bibhooth Charraaee Maaeiaa Kaa Mag Johai ||	He sifts through the dust, and applies ashes to his body, but he is searching for the path of Maya's wealth.	(ਲੋਕ-ਵਿਖਾਵੇ ਲਈ) ਸੁਆਹ ਛਾਣਦਾ ਹੈ ਤੇ ਉਹ ਸੁਆਹ ਆਪਣੇ ਪਿੰਡੇ ਉਤੇ ਮਲ ਲੈਂਦਾ ਹੈ, ਪਰ (ਅੰਤਰ ਆਤਮੇ) ਮਾਇਆ ਦਾ ਰਸਤਾ ਤੱਕਦਾ ਰਹਿੰਦਾ ਹੈ (ਕਿ ਕੋਈ ਗ੍ਰਿਹਸਤੀ ਦਾਨੀ ਆ ਕੇ ਮਾਇਆ ਭੇਟ ਕਰੇ)।
43315	1013	ਅੰਤਰਿ ਬਾਹਰਿ ਏਕੁ ਨ ਜਾਣੈ ਸਾਚੁ ਕਹੇ ਤੇ ਛੋਹੈ॥		Anthar Baahar Eaek N Jaanai Saach Kehae Thae Shhohai ||	Inwardly and outwardly, he does not know the One Lord; if someone tells him the Truth, he grows angry.	(ਬਾਹਰੋਂ ਹੋਰ ਤੇ ਅੰਦਰੋਂ ਹੋਰ ਹੋਣ ਕਰਕੇ) ਆਪਣੇ ਅੰਦਰ ਤੇ ਬਾਹਰ ਜਗਤ ਵਿਚ ਇਕ ਪਰਮਾਤਮਾ ਨੂੰ (ਵਿਆਪਕ) ਨਹੀਂ ਸਮਝ ਸਕਦਾ, (ਜੇ) ਇਹ ਸੱਚਾ ਵਾਕ ਉਸ ਨੂੰ ਆਖੀਏ ਤਾਂ ਖਿੱਝਦਾ ਹੈ।

43316	1013	ਪਾਠੁ ਪੜੈ ਮੁਖਿ ਝੂਠੋ ਬੋਲੈ ਨਿਗੁਰੇ ਕੀ ਮਤਿ ਓਹੈ॥		Paath Parrai Mukh Jhootho Bolai Nigurae Kee Math Ouhai ||	He reads the scriptures, but tells lies; such is the intellect of one who has no guru.	(ਧਰਮ-ਪੁਸਤਕਾਂ ਦਾ) ਪਾਠ ਪੜ੍ਹਦਾ (ਤਾਂ) ਹੈ ਪਰ ਮੂੰਹੋਂ ਝੂਠ ਹੀ ਬੋਲਦਾ ਹੈ, ਗੁਰੂ-ਹੀਣ ਹੋਣ ਕਰਕੇ ਉਸ ਦੀ ਮੱਤ ਉਹ ਪਹਿਲੇ ਵਰਗੀ ਹੀ ਰਹਿੰਦੀ ਹੈ (ਭਾਵ, ਜ਼ਾਹਰਾ ਤਿਆਗ ਨਾਲ ਉਸ ਦੇ ਆਤਮਕ ਜੀਵਨ ਵਿਚ ਕੋਈ ਫ਼ਰਕ ਨਹੀਂ ਪੈਂਦਾ)।
43317	1013	ਨਾਮੁ ਨ ਜਪਈ ਕਿਉ ਸੁਖੁ ਪਾਵੈ ਬਿਨੁ ਨਾਵੈ ਕਿਉ ਸੋਹੈ॥੪॥		Naam N Japee Kio Sukh Paavai Bin Naavai Kio Sohai ||4||	Without chanting the Naam, how can he find peace? Without the Name, how can he look good? ||4||	ਜਦ ਤਕ ਪਰਮਾਤਮਾ ਦਾ ਨਾਮ ਨਹੀਂ ਜਪਦਾ ਤਦ ਤਕ ਆਤਮਕ ਆਨੰਦ ਨਹੀਂ ਮਿਲਦਾ, ਪ੍ਰਭੂ-ਨਾਮ ਤੋਂ ਬਿਨਾ ਜੀਵਨ ਸੁਚੱਜਾ ਨਹੀਂ ਬਣ ਸਕਦਾ ॥੪॥
43318	1013	ਮੂੰਡੁ ਮੁਡਾਇ ਜਟਾ ਸਿਖ ਬਾਧੀ ਮੋਨਿ ਰਹੈ ਅਭਿਮਾਨਾ॥	ਜਟਾਂ ਸਿਖ: ਪੋਲੇ ਬੋਲੋ, ਬੱਾਧੀ	Moondd Muddaae Jattaa Sikh Baadhhee Mon Rehai Abhimaanaa ||	Some shave their heads, some keep their hair in matted tangles; some keep it in braids, while some keep silent, filled with egotistical pride.	ਕੋਈ ਸਿਰ ਮੁਨਾ ਲੈਂਦਾ ਹੈ, ਕੋਈ ਜਟਾਂ ਦਾ ਜੂੜਾ ਬੰਨ੍ਹ ਲੈਂਦਾ ਹੈ, ਤੇ ਮੋਨ ਧਾਰ ਕੇ ਬੈਠ ਜਾਂਦਾ ਹੈ (ਇਸ ਸਾਰੇ ਭੇਖ ਦਾ) ਮਾਣ (ਭੀ ਕਰਦਾ ਹੈ)।
43319	1013	ਮਨੂਆ ਡੋਲੈ ਦਹ ਦਿਸ ਧਾਵੈ ਬਿਨੁ ਰਤ ਆਤਮ ਗਿਆਨਾ॥		Manooaa Ddolai Dheh Dhis Dhhaavai Bin Rath Aatham Giaanaa ||	Their minds waver and wander in ten directions, without loving devotion and enlightenment of the soul.	ਪਰ ਆਤਮਕ ਤੌਰ ਤੇ ਪ੍ਰਭੂ ਨਾਲ ਡੂੰਘੀ ਸਾਂਝ ਦੇ ਰੰਗ ਵਿਚ ਰੰਗੇ ਜਾਣ ਤੋਂ ਬਿਨਾ ਉਸ ਦਾ ਮਨ ਡੋਲਦਾ ਰਹਿੰਦਾ ਹੈ, ਤੇ (ਮਾਇਆ ਦੀ ਤ੍ਰਿਸ਼ਨਾ ਵਿਚ ਹੀ) ਦਸੀਂ ਪਾਸੀਂ ਦੌੜਦਾ ਫਿਰਦਾ ਹੈ।

43320	1013	ਅੰਮ੍ਰਿਤੁ ਛੋਡਿ ਮਹਾ ਬਿਖੁ ਪੀਵੈ ਮਾਇਆ ਕਾ ਦੇਵਾਨਾ॥		Anmrith Shhodd Mehaa Bikh Peevai Maaeiaa Kaa Dhaevaanaa ||	They abandon the Ambrosial Nectar, and drink the deadly poison, driven mad by Maya.	(ਅੰਤਰ ਆਤਮੇ) ਮਾਇਆ ਦਾ ਪ੍ਰੇਮੀ (ਰਹਿਣ ਕਰਕੇ) ਪਰਮਾਤਮਾ ਦਾ ਨਾਮ-ਅੰਮ੍ਰਿਤ ਛੱਡ ਦੇਂਦਾ ਹੈ ਤੇ (ਤ੍ਰਿਸ਼ਨਾ ਦਾ ਉਹ) ਜ਼ਹਿਰ ਪੀਂਦਾ ਰਹਿੰਦਾ ਹੈ (ਜੋ ਇਸ ਦੇ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ)।
43321	1013	ਕਿਰਤੁ ਨ ਮਿਟਈ ਹੁਕਮੁ ਨ ਬੂਝੈ ਪਸੂਆ ਮਾਹਿ ਸਮਾਨਾ॥੫॥		Kirath N Mittee Hukam N Boojhai Pasooaa Maahi Samaanaa ||5||	Past actions cannot be erased; without understanding the Hukam of the Lord's Command, they become beasts. ||5||	(ਪਰ ਇਸ ਮਨਮੁਖ ਦੇ ਕੀਹ ਵੱਸ?) ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ (ਅੰਦਰੋਂ) ਮੁੱਕਦਾ ਨਹੀਂ, (ਉਹਨਾਂ ਸੰਸਕਾਰਾਂ ਦੇ ਅਸਰ ਹੇਠ ਜੀਵ) ਪਰਮਾਤਮਾ ਦੀ ਰਜ਼ਾ ਨੂੰ ਨਹੀਂ ਸਮਝ ਸਕਦਾ, (ਇਸ ਤਰ੍ਹਾਂ, ਤਿਆਗੀ ਬਣ ਕੇ ਭੀ) ਪਸ਼ੂ-ਸੁਭਾਵ ਵਿਚ ਟਿਕਿਆ ਰਹਿੰਦਾ ਹੈ ॥੫॥
43322	1013	ਹਾਥ ਕਮੰਡਲੁ ਕਾਪੜੀਆ ਮਨਿ ਤ੍ਰਿਸਨਾ ਉਪਜੀ ਭਾਰੀ॥		Haathh Kamanddal Kaaparreeaa Man Thrisanaa Oupajee Bhaaree ||	With bowl in hand, wearing his patched coat, great desires well up in his mind.	(ਮਨਮੁਖ ਮਨੁੱਖ ਤਿਆਗੀ ਬਣ ਕੇ) ਹੱਥ ਵਿਚ ਚਿੱਪੀ ਫੜ ਲੈਂਦਾ ਹੈ, ਲੀਰਾਂ ਦਾ ਚੋਲਾ ਪਹਿਨ ਲੈਂਦਾ ਹੈ, ਪਰ ਮਨ ਵਿਚ ਮਾਇਆ ਦੀ ਭਾਰੀ ਤ੍ਰਿਸ਼ਨਾ ਪੈਦਾ ਹੋਈ ਰਹਿੰਦੀ ਹੈ।

43323	1013	ਇਸਤ੍ਰੀ ਤਜਿ ਕਰਿ ਕਾਮਿ ਵਿਆਪਿਆ ਚਿਤੁ ਲਾਇਆ ਪਰ ਨਾਰੀ॥		Eisathree Thaj Kar Kaam Viaapiaa Chith Laaeiaa Par Naaree ||	Abandoning his own wife, he is engrossed in sexual desire; his thoughts are on the wives of others.	(ਆਪਣੇ ਵਲੋਂ ਤਿਆਗੀ ਬਣ ਕੇ) ਆਪਣੀ ਇਸਤ੍ਰੀ ਛੱਡ ਕੇ ਆਏ ਨੂੰ ਕਾਮ-ਵਾਸਨਾ ਨੇ ਆ ਦਬਾਇਆ, ਤਾਂ ਪਰਾਈ ਨਾਰ ਨਾਲ ਚਿੱਤ ਜੋੜਦਾ ਹੈ।
43324	1013	ਸਿਖ ਕਰੇ ਕਰਿ ਸਬਦੁ ਨ ਚੀਨੈ ਲੰਪਟੁ ਹੈ ਬਾਜਾਰੀ॥	ਸਿੱਖ	Sikh Karae Kar Sabadh N Cheenai Lanpatt Hai Baajaaree ||	He teaches and preaches, but does not contemplate the Shabad; he is bought and sold on the street.	ਚੇਲੇ ਬਣਾਂਦਾ ਹੈ, ਗੁਰੂ ਦੇ ਸ਼ਬਦ ਨੂੰ ਨਹੀਂ ਪਛਾਣਦਾ, ਕਾਮ-ਵਾਸਨਾ ਵਿਚ ਗ੍ਰਸਿਆ ਹੋਇਆ ਹੈ, ਤੇ (ਇਸ ਤਰ੍ਹਾਂ ਸੰਨਿਆਸੀ ਬਣਨ ਦੇ ਥਾਂ ਲੋਕਾਂ ਦੀਆਂ ਨਜ਼ਰਾਂ ਵਿਚ) ਮਸਖ਼ਰਾ ਬਣਿਆ ਹੋਇਆ ਹੈ।
43325	1013	ਅੰਤਰਿ ਬਿਖੁ ਬਾਹਰਿ ਨਿਭਰਾਤੀ ਤਾ ਜਮੁ ਕਰੇ ਖੁਆਰੀ॥੬॥	(ਬਿਖ) ਗੁਨਾਹਾਂ ਦੀ ਜ਼ਹਿਰ। (ਨਿ-ਭਰਾਤੀ) ਸੱਚੇ ਗਿਆਨ ਦੀਆਂ ਗੱਲਾਂ ਕਰਦਾ। ਬਿਖੁ: ਪੋਲਾ ਬੋਲੋ	Anthar Bikh Baahar Nibharaathee Thaa Jam Karae Khuaaree ||6||	With poison within, he pretends to be free of doubt; he is ruined and humiliated by the Messenger of Death. ||6||	(ਮਨਮੁਖ ਦੇ) ਅੰਦਰ (ਆਤਮਕ ਮੌਤ ਲਿਆਉਣ ਵਾਲੀ ਤ੍ਰਿਸ਼ਨਾ ਦਾ) ਜ਼ਹਿਰ ਹੈ, ਬਾਹਰ (ਲੋਕਾਂ ਨੂੰ ਵਿਖਾਣ ਵਾਸਤੇ) ਸ਼ਾਂਤੀ ਧਾਰਨ ਕੀਤੀ ਹੋਈ ਹੈ। (ਅਜੇਹੇ ਪਖੰਡੀ ਨੂੰ) ਆਤਮਕ ਮੌਤ-ਖ਼ੁਆਰ ਕਰਦੀ ਹੈ ॥੬॥
43326	1013	ਸੋ ਸੰਨਿਆਸੀ ਜੋ ਸਤਿਗੁਰ ਸੇਵੈ ਵਿਚਹੁ ਆਪੁ ਗਵਾਏ॥		So Sanniaasee Jo Sathigur Saevai Vichahu Aap Gavaaeae ||	He alone is a Sannyaasi, who serves the True Guru, and removes his self-conceit from within.	ਅਸਲ ਸੰਨਿਆਸੀ ਉਹ ਹੈ ਜੋ ਗੁਰੂ ਦੀ ਦੱਸੀ ਸੇਵਾ ਕਰਦਾ ਹੈ ਤੇ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰਦਾ ਹੈ।

43327	1013	ਛਾਦਨ ਭੋਜਨ ਕੀ ਆਸ ਨ ਕਰਈ ਅਚਿੰਤੁ ਮਿਲੈ ਸੋ ਪਾਏ॥		Shhaadhan Bhojan Kee Aas N Karee Achinth Milai So Paaeae ||	He does not ask for clothes or food; without asking, he accepts whatever he receives.	(ਲੋਕਾਂ ਪਾਸੋਂ) ਕੱਪੜੇ ਤੇ ਭੋਜਨ ਦੀ ਆਸ ਬਣਾਈ ਨਹੀਂ ਰੱਖਦਾ, ਸਹਿਜ ਸੁਭਾਇ ਜੋ ਮਿਲ ਜਾਂਦਾ ਹੈ ਉਹ ਲੈ ਲੈਂਦਾ ਹੈ।
43328	1013	ਬਕੈ ਨ ਬੋਲੈ ਖਿਮਾ ਧਨੁ ਸੰਗ੍ਰਹੈ ਤਾਮਸੁ ਨਾਮਿ ਜਲਾਏ॥		Bakai N Bolai Khimaa Dhhan Sangrehai Thaamas Naam Jalaaeae ||	He does not speak empty words; he gathers in the wealth of tolerance, and burns away his anger with the Naam.	ਬਹੁਤ ਵਧ-ਘਟ ਬੋਲ ਨਹੀਂ ਬੋਲਦਾ ਰਹਿੰਦਾ, ਦੂਜਿਆਂ ਦੀ ਵਧੀਕੀ ਨੂੰ ਸਹਾਰਨ ਦਾ ਸੁਭਾਉ-ਰੂਪ ਧਨ ਆਪਣੇ ਅੰਦਰ ਇਕੱਠਾ ਕਰਦਾ ਹੈ, ਪ੍ਰਭੂ ਦੇ ਨਾਮ ਦੀ ਬਰਕਤਿ ਨਾਲ ਅੰਦਰੋਂ ਕ੍ਰੋਧ ਸਾੜ ਦੇਂਦਾ ਹੈ।
43329	1013	ਧਨੁ ਗਿਰਹੀ ਸੰਨਿਆਸੀ ਜੋਗੀ ਜਿ ਹਰਿ ਚਰਣੀ ਚਿਤੁ ਲਾਏ॥੭॥		Dhhan Girehee Sanniaasee Jogee J Har Charanee Chith Laaeae ||7||	Blessed is such a householder, Sannyaasi and Yogi, who focuses his consciousness on the Lord's feet. ||7||	ਜੇਹੜਾ ਮਨੁੱਖ ਸਦਾ ਪਰਮਾਤਮਾ ਦੇ ਚਰਨਾਂ ਵਿਚ ਚਿੱਤ ਜੋੜੀ ਰੱਖਦਾ ਹੈ, ਉਹ ਭਾਗਾਂ ਵਾਲਾ ਹੈ ਚਾਹੇ ਉਹ ਗ੍ਰਿਹਸਤੀ ਹੈ ਚਾਹੇ ਸੰਨਿਆਸੀ ਹੈ ਚਾਹੇ ਜੋਗੀ ਹੈ ॥੭॥
43330	1013	ਆਸ ਨਿਰਾਸ ਰਹੈ ਸੰਨਿਆਸੀ ਏਕਸੁ ਸਿਉ ਲਿਵ ਲਾਏ॥		Aas Niraas Rehai Sanniaasee Eaekas Sio Liv Laaeae ||	Amidst hope, the Sannyaasi remains unmoved by hope; he remains lovingly focused on the One Lord.	ਅਸਲ ਸੰਨਿਆਸੀ ਉਹ ਹੈ ਜੋ ਮਾਇਕ ਆਸਾਂ ਵਲੋਂ ਨਿਰਾਸ ਰਹਿੰਦਾ ਹੈ ਤੇ ਇਕ ਪਰਮਾਤਮਾ ਦੇ ਚਰਨਾਂ ਵਿਚ ਸੁਰਤ ਜੋੜੀ ਰੱਖਦਾ ਹੈ।

43331	1013	ਹਰਿ ਰਸੁ ਪੀਵੈ ਤਾ ਸਾਤਿ ਆਵੈ ਨਿਜ ਘਰਿ ਤਾੜੀ ਲਾਏ॥		Har Ras Peevai Thaa Saath Aavai Nij Ghar Thaarree Laaeae ||	He drinks in the sublime essence of the Lord, and so finds peace and tranquility; in the home of his own being, he remains absorbed in the deep trance of meditation.	ਜਦੋਂ ਮਨੁੱਖ ਪਰਮਾਤਮਾ ਦਾ ਨਾਮ-ਰਸ ਪੀਂਦਾ ਹੈ ਤੇ ਅੰਤਰ ਆਤਮੇ ਪ੍ਰਭੂ-ਚਰਨਾਂ ਵਿਚ ਜੁੜਦਾ ਹੈ ਤਦੋਂ ਇਸ ਦੇ ਅੰਦਰ ਸ਼ਾਂਤੀ ਪੈਦਾ ਹੁੰਦੀ ਹੈ।
43332	1013	ਮਨੂਆ ਨ ਡੋਲੈ ਗੁਰਮੁਖਿ ਬੂਝੈ ਧਾਵਤੁ ਵਰਜਿ ਰਹਾਏ॥		Manooaa N Ddolai Guramukh Boojhai Dhhaavath Varaj Rehaaeae ||	His mind does not waver; as Gurmukh, he understands. He restrains it from wandering out.	ਜਦੋਂ ਮਨੁੱਖ ਗੁਰੂ ਦੀ ਸਰਨ ਪੈ ਕੇ (ਸਹੀ ਜੀਵਨ-ਰਾਹ) ਸਮਝਦਾ ਹੈ ਉਸ ਦਾ ਮਨ ਮਾਇਆ ਦੀ ਤ੍ਰਿਸ਼ਨਾ ਵਿਚ ਡੋਲਦਾ ਨਹੀਂ, ਮਾਇਆ ਪਿੱਛੇ ਦੌੜਦੇ ਮਨ ਨੂੰ ਉਹ ਰੋਕ ਕੇ ਰੱਖਦਾ ਹੈ।
43333	1013	ਗ੍ਰਿਹੁ ਸਰੀਰੁ ਗੁਰਮਤੀ ਖੋਜੇ ਨਾਮੁ ਪਦਾਰਥੁ ਪਾਏ॥੮॥		Grihu Sareer Guramathee Khojae Naam Padhaarathh Paaeae ||8||	Following the Guru's Teachings, he searches the home of his body, and obtains the wealth of the Naam. ||8||	ਗੁਰੂ ਦੀ ਸਿੱਖਿਆ ਲੈ ਕੇ (ਜੰਗਲ ਭਾਲਣ ਦੇ ਥਾਂ) ਸਰੀਰ-ਘਰ ਨੂੰ ਖੋਜਦਾ ਹੈ ਤੇ ਪਰਮਾਤਮਾ ਦਾ ਨਾਮ-ਸਰਮਾਇਆ ਪ੍ਰਾਪਤ ਕਰ ਲੈਂਦਾ ਹੈ ॥੮॥
43334	1013	ਬ੍ਰਹਮਾ ਬਿਸਨੁ ਮਹੇਸੁ ਸਰੇਸਟ ਨਾਮਿ ਰਤੇ ਵੀਚਾਰੀ॥		Brehamaa Bisan Mehaes Saraesatt Naam Rathae Veechaaree ||	Brahma, Vishnu and Shiva are exalted, imbued with contemplative meditation on the Naam.	ਬ੍ਰਹਮਾ ਹੋਵੇ, ਵਿਸ਼ਨੂੰ ਹੋਵੇ, ਸ਼ਿਵ ਹੋਵੇ, ਉਹੀ ਸਭ ਤੋਂ ਉੱਤਮ ਹਨ ਜੋ ਪ੍ਰਭੂ ਦੇ ਨਾਮ ਵਿਚ ਰੰਗੀਜ ਕੇ ਸੁੰਦਰ ਵਿਚਾਰ ਦੇ ਮਾਲਕ ਬਣ ਗਏ।

43335	1013	ਖਾਣੀ ਬਾਣੀ ਗਗਨ ਪਤਾਲੀ ਜੰਤਾ ਜੋਤਿ ਤੁਮਾਰੀ॥	ਪਤਾਲੀਂ, ਜੰਤਾਂ	Khaanee Baanee Gagan Pathaalee Janthaa Joth Thumaaree ||	The sources of creation, speech, the heavens and the underworld, all beings and creatures, are infused with Your Light.	ਹੇ ਪ੍ਰਭੂ! (ਭਾਵੇਂ) ਚੌਹਾਂ ਖਾਣੀਆਂ ਦੇ ਜੀਵਾਂ ਵਿਚ ਤੇ ਉਹਨਾਂ ਦੀਆਂ ਬੋਲੀਆਂ ਵਿਚ, ਪਾਤਾਲ ਆਕਾਸ਼ ਵਿਚ ਸਭ ਜੀਵਾਂ ਦੇ ਅੰਦਰ ਤੇਰੀ ਹੀ ਜੋਤਿ ਹੈ।
43336	1013	ਸਭਿ ਸੁਖ ਮੁਕਤਿ ਨਾਮ ਧੁਨਿ ਬਾਣੀ ਸਚੁ ਨਾਮੁ ਉਰ ਧਾਰੀ॥		Sabh Sukh Mukath Naam Dhhun Baanee Sach Naam Our Dhhaaree ||	All comforts and liberation are found in the Naam, and the vibrations of the Guru's Bani; I have enshrined the True Name within my heart.	ਪਰ ਜਿਨ੍ਹਾਂ ਨੇ ਤੇਰੇ ਸਦਾ-ਥਿਰ ਨਾਮ ਨੂੰ ਆਪਣੇ ਹਿਰਦੇ ਵਿਚ ਟਿਕਾਇਆ ਹੈ ਜਿਨ੍ਹਾਂ ਦੇ ਅੰਦਰ ਤੇਰੇ ਨਾਮ ਦੀ ਰੌ ਜਾਰੀ ਹੈ ਜਿਨ੍ਹਾਂ ਦੀ ਸੁਰਤ ਤੇਰੀ ਸਿਫ਼ਤ-ਸਾਲਾਹ ਦੀ ਬਾਣੀ ਵਿਚ ਹੈ ਉਹਨਾਂ ਨੂੰ ਹੀ ਸਾਰੇ ਸੁਖ ਹਨ ਉਹਨਾਂ ਨੂੰ ਹੀ ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਮਿਲਦੀ ਹੈ।
43337	1013	ਨਾਮ ਬਿਨਾ ਨਹੀ ਛੂਟਸਿ ਨਾਨਕ ਸਾਚੀ ਤਰੁ ਤੂ ਤਾਰੀ॥੯॥੭॥		Naam Binaa Nehee Shhoottas Naanak Saachee Thar Thoo Thaaree ||9||7||	Without the Naam, no one is saved; O Nanak, with the Truth, cross over to the other side. ||9||7||	ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਜੀਵ ਮਾਇਆ ਦੇ ਮੋਹ ਤੋਂ ਬਚ ਨਹੀਂ ਸਕਦਾ, ਤੂੰ ਭੀ ਇਹੀ ਤਾਰੀ ਤਰ ਜਿਸ ਨਾਲ ਕਦੇ ਡੁੱਬਣ ਦਾ ਖ਼ਤਰਾ ਨਹੀਂ ਹੋਵੇਗਾ ॥੯॥੭॥
43338	1013	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	

43339	1013	ਮਾਤ ਪਿਤਾ ਸੰਜੋਗਿ ਉਪਾਏ ਰਕਤੁ ਬਿੰਦੁ ਮਿਲਿ ਪਿੰਡੁ ਕਰੇ॥		Maath Pithaa Sanjog Oupaaeae Rakath Bindh Mil Pindd Karae ||	Through the union of mother and father, the fetus is formed. The egg and sperm join together to make the body.	ਮਾਂ ਤੇ ਪਿਉ ਦੇ (ਸਰੀਰਕ) ਸੰਜੋਗ ਦੀ ਰਾਹੀਂ ਪਰਮਾਤਮਾ ਜੀਵ ਪੈਦਾ ਕਰਦਾ ਹੈ, ਮਾਂ ਦਾ ਲਹੂ ਤੇ ਪਿਉ ਦਾ ਵੀਰਜ ਮਿਲਣ ਤੇ ਪਰਮਾਤਮਾ (ਜੀਵ ਦਾ) ਸਰੀਰ ਬਣਾਂਦਾ ਹੈ।
43340	1013	ਅੰਤਰਿ ਗਰਭ ਉਰਧਿ ਲਿਵ ਲਾਗੀ ਸੋ ਪ੍ਰਭੁ ਸਾਰੇ ਦਾਤਿ ਕਰੇ॥੧॥		Anthar Garabh Ouradhh Liv Laagee So Prabh Saarae Dhaath Karae ||1||	Upside-down within the womb, it lovingly dwells on the Lord; God provides for it, and gives it nourishment there. ||1||	ਮਾਂ ਦੇ ਪੇਟ ਵਿਚ ਉਲਟੇ ਪਏ ਹੋਏ ਦੀ ਲਗਨ ਪ੍ਰਭੂ-ਚਰਨਾਂ ਵਿਚ ਲੱਗੀ ਰਹਿੰਦੀ ਹੈ। ਉਹ ਪਰਮਾਤਮਾ ਇਸ ਦੀ ਹਰ ਤਰ੍ਹਾਂ ਸੰਭਾਲ ਕਰਦਾ ਹੈ (ਤੇ ਲੋੜ ਅਨੁਸਾਰ ਪਦਾਰਥ) ਦੇਂਦਾ ਹੈ ॥੧॥
43341	1013	ਸੰਸਾਰੁ ਭਵਜਲੁ ਕਿਉ ਤਰੈ॥		Sansaar Bhavajal Kio Tharai ||	How can he cross over the terrifying world-ocean?	(ਪਰਮਾਤਮਾ ਦੇ ਨਾਮ ਤੋਂ ਬਿਨਾ) ਸੰਸਾਰੀ ਜੀਵ ਸੰਸਾਰ-ਸਮੁੰਦਰ ਤੋਂ ਕਿਸੇ ਹਾਲਤ ਵਿਚ ਪਾਰ ਨਹੀਂ ਲੰਘ ਸਕਦਾ,

43342	1013	ਗੁਰਮੁਖਿ ਨਾਮੁ ਨਿਰੰਜਨੁ ਪਾਈਐ ਅਫਰਿਓ ਭਾਰੁ ਅਫਾਰੁ ਟਰੈ॥੧॥ਰਹਾਉ॥	ਅ-ਫਰਿਓ, ਬੇਸੰਭਾਲ	Guramukh Naam Niranjan Paaeeai Afariou Bhaar Afaar Ttarai ||1|| Rehaao ||	The Gurmukh obtains the Immaculate Naam, the Name of the Lord; the unbearable load of sins is removed. ||1||Pause||	ਕਿਉਂਕਿ ਜੀਵ ਮਾਇਆ ਆਦਿਕ ਦੇ ਅਹੰਕਾਰ ਨਾਲ ਆਫਰਿਆ ਰਹਿੰਦਾ ਹੈ। ਪਰਮਾਤਮਾ ਦਾ ਨਾਮ, ਜਿਸ ਉਤੇ ਮਾਇਆ-ਕਾਲਖ ਦਾ ਪ੍ਰਭਾਵ ਨਹੀਂ ਪੈ ਸਕਦਾ, ਗੁਰੂ ਦੀ ਸਰਨ ਪਿਆਂ ਮਿਲਦਾ ਹੈ, (ਜਿਸ ਮਨੁੱਖ ਨੂੰ ਨਾਮ ਪ੍ਰਾਪਤ ਹੁੰਦਾ ਹੈ) ਉਸ ਦਾ (ਅਹੰਕਾਰ ਆਦਿਕ ਦਾ) ਅਸਹਿ ਭਾਰ ਦੂਰ ਹੋ ਜਾਂਦਾ ਹੈ (ਇਹ ਅਹੰਕਾਰ ਆਦਿਕ ਹੀ ਭਾਰ ਬਣ ਕੇ ਜੀਵ ਨੂੰ ਸੰਸਾਰ-ਸਮੁੰਦਰ ਵਿਚ ਡੋਬਿਆ ਕਰਦਾ ਹੈ) ॥੧॥ ਰਹਾਉ ॥
43343	1013	ਤੇ ਗੁਣ ਵਿਸਰਿ ਗਏ ਅਪਰਾਧੀ ਮੈ ਬਉਰਾ ਕਿਆ ਕਰਉ ਹਰੇ॥		Thae Gun Visar Geae Aparaadhhee Mai Bouraa Kiaa Karo Harae ||	I have forgotten Your Virtues, Lord; I am insane - what can I do now?	ਹੇ ਹਰੀ! ਮੈਨੂੰ ਗੁਨਹਗਾਰ ਨੂੰ ਤੇਰੇ ਉਹ ਉਪਕਾਰ ਭੁੱਲ ਗਏ ਹਨ, ਮੈਂ (ਮਾਇਆ ਦੇ ਮੋਹ ਵਿਚ) ਝੱਲਾ ਹੋਇਆ ਪਿਆ ਹਾਂ (ਤੇਰਾ ਸਿਮਰਨ ਕਰਨ ਤੋਂ) ਬੇ-ਵੱਸ ਹਾਂ।
43344	1013	ਤੂ ਦਾਤਾ ਦਇਆਲੁ ਸਭੈ ਸਿਰਿ ਅਹਿ ਨਿਸਿ ਦਾਤਿ ਸਮਾਰਿ ਕਰੇ॥੨॥		Thoo Dhaathaa Dhaeiaal Sabhai Sir Ahinis Dhaath Samaar Karae ||2||	You are the Merciful Giver, above the heads of all. Day and night, You give gifts, and take care of all. ||2||	ਪਰ ਤੂੰ ਦਇਆ ਦਾ ਸੋਮਾ ਹੈਂ, ਹਰੇਕ ਜੀਵ ਦੇ ਸਿਰ ਤੇ (ਰਾਖਾ) ਹੈਂ, ਤੇ ਸਭ ਨੂੰ ਦਾਤਾਂ ਦੇਂਦਾ ਹੈਂ। ਦਇਆਲ ਪ੍ਰਭੂ ਦਿਨ ਰਾਤ (ਜੀਵਾਂ ਦੀ) ਸੰਭਾਲ ਕਰਦਾ ਹੈ ਤੇ ਦਾਤਾਂ ਦੇਂਦਾ ਹੈ ॥੨॥

43345	1013	ਚਾਰਿ ਪਦਾਰਥ ਲੈ ਜਗਿ ਜਨਮਿਆ ਸਿਵ ਸਕਤੀ ਘਰਿ ਵਾਸੁ ਧਰੇ॥		Chaar Padhaarathh Lai Jag Janamiaa Siv Sakathee Ghar Vaas Dhharae ||	One is born to achieve the four great objectives of life. The spirit has taken up its home in the material world.	(ਜੀਵ ਪਰਮਾਤਮਾ ਪਾਸੋਂ) ਚਾਰੇ ਹੀ ਪਦਾਰਥ ਲੈ ਕੇ ਜਗਤ ਵਿਚ ਜੰਮਿਆ ਹੈ (ਫਿਰ ਭੀ ਪ੍ਰਭੂ ਦੀ ਬਖ਼ਸ਼ਸ਼ ਭੁਲਾ ਕੇ ਸਦਾ) ਪਰਮਾਤਮਾ ਦੀ ਪੈਦਾ ਕੀਤੀ ਮਾਇਆ ਦੇ ਘਰ ਵਿਚ ਨਿਵਾਸ ਰੱਖਦਾ ਹੈ।
43346	1014	ਲਾਗੀ ਭੂਖ ਮਾਇਆ ਮਗੁ ਜੋਹੈ ਮੁਕਤਿ ਪਦਾਰਥੁ ਮੋਹਿ ਖਰੇ॥੩॥		Laagee Bhookh Maaeiaa Mag Johai Mukath Padhaarathh Mohi Kharae ||3||	Driven by hunger, it sees the path of Maya's riches; this emotional attachment takes away the treasure of liberation. ||3||	ਸਦਾ ਇਸ ਨੂੰ ਮਾਇਆ ਦੀ ਭੁੱਖ ਹੀ ਚੰਬੜੀ ਰਹਿੰਦੀ ਹੈ, ਸਦਾ ਮਾਇਆ ਦਾ ਰਾਹ ਹੀ ਤੱਕਦਾ ਰਹਿੰਦਾ ਹੈ, ਮਾਇਆ ਦੇ ਮੋਹ ਵਿਚ (ਫਸ ਕੇ ਚੌਹਾਂ ਪਦਾਰਥਾਂ ਵਿਚੋਂ) ਮੁਕਤਿ-ਪਦਾਰਥ ਗਵਾ ਲੈਂਦਾ ਹੈ ॥੩॥
43347	1014	ਕਰਣ ਪਲਾਵ ਕਰੇ ਨਹੀ ਪਾਵੈ ਇਤ ਉਤ ਢੂਢਤ ਥਾਕਿ ਪਰੇ॥		Karan Palaav Karae Nehee Paavai Eith Outh Dtoodtath Thhaak Parae ||	Weeping and wailing, he does not receive them; he searches here and there, and grows weary.	(ਸਾਰੀ ਉਮਰ ਜੀਵ ਮਾਇਆ ਦੀ ਖ਼ਾਤਰ ਹੀ) ਤਰਲੇ ਲੈਂਦਾ ਰਹਿੰਦਾ ਹੈ (ਮਨ ਦੀ ਤਸੱਲੀ ਜੋਗੀ ਮਾਇਆ) ਪ੍ਰਾਪਤ ਨਹੀਂ ਹੁੰਦੀ, ਹਰ ਪਾਸੇ ਮਾਇਆ ਦੀ ਢੂੰਢ-ਭਾਲ ਕਰਦਾ ਕਰਦਾ ਥੱਕ ਜਾਂਦਾ ਹੈ।
43348	1014	ਕਾਮਿ ਕ੍ਰੋਧਿ ਅਹੰਕਾਰਿ ਵਿਆਪੇ ਕੂੜ ਕੁਟੰਬ ਸਿਉ ਪ੍ਰੀਤਿ ਕਰੇ॥੪॥		Kaam Krodhh Ahankaar Viaapae Koorr Kuttanb Sio Preeth Karae ||4||	Engrossed in sexual desire, anger and egotism, he falls in love with his false relatives. ||4||	ਕਾਮ ਵਿਚ, ਕ੍ਰੋਧ ਵਿਚ, ਅਹੰਕਾਰ ਵਿਚ ਨੱਪਿਆ ਹੋਇਆ ਜੀਵ ਸਦਾ ਨਾਸਵੰਤ ਪਦਾਰਥ ਨਾਲ ਹੀ ਪ੍ਰੀਤ ਕਰਦਾ ਹੈ, ਸਦਾ ਆਪਣੇ ਪਰਵਾਰ ਨਾਲ ਹੀ ਮੋਹ ਜੋੜੀ ਰੱਖਦਾ ਹੈ ॥੪॥

43349	1014	ਖਾਵੈ ਭੋਗੈ ਸੁਣਿ ਸੁਣਿ ਦੇਖੈ ਪਹਿਰਿ ਦਿਖਾਵੈ ਕਾਲ ਘਰੇ॥		Khaavai Bhogai Sun Sun Dhaekhai Pehir Dhikhaavai Kaal Gharae ||	He eats and enjoys, listens and watches, and dresses up to show off in this house of death.	(ਦੁਨੀਆ ਦੇ ਚੰਗੇ ਚੰਗੇ ਪਦਾਰਥ) ਖਾਂਦਾ ਹੈ (ਵਿਸ਼ੇ) ਭੋਗਦਾ ਹੈ, (ਸੋਭਾ ਨਿੰਦਾ ਆਦਿਕ ਦੇ ਬਚਨ) ਮੁੜ ਮੁੜ ਸੁਣਦਾ ਹੈ, (ਦੁਨੀਆ ਦੇ ਰੰਗ ਤਮਾਸ਼ੇ) ਵੇਖਦਾ ਹੈ, (ਸੋਹਣੇ ਸੋਹਣੇ ਕੱਪੜੇ ਆਦਿਕ) ਪਹਿਨ ਕੇ (ਲੋਕਾਂ ਨੂੰ) ਵਿਖਾਂਦਾ ਹੈ-(ਬੱਸ! ਇਹਨਾਂ ਹੀ ਆਹਰਾਂ ਵਿਚ ਮਸਤ ਹੋ ਕੇ) ਆਤਮਕ ਮੌਤ ਦੇ ਘਰ ਵਿਚ ਟਿਕਿਆ ਰਹਿੰਦਾ ਹੈ (ਆਤਮਕ ਮੌਤ ਸਹੇੜੀ ਰੱਖਦਾ ਹੈ)।
43350	1014	ਬਿਨੁ ਗੁਰ ਸਬਦ ਨ ਆਪੁ ਪਛਾਣੈ ਬਿਨੁ ਹਰਿ ਨਾਮ ਨ ਕਾਲੁ ਟਰੇ॥੫॥		Bin Gur Sabadh N Aap Pashhaanai Bin Har Naam N Kaal Ttarae ||5||	Without the Word of the Guru's Shabad, he does not undersand himself. Without the Lord's Name, death cannot be avoided. ||5||	ਗੁਰੂ ਦੇ ਸ਼ਬਦ ਤੋਂ ਵਾਂਜਿਆ ਹੋਇਆ ਆਪਣੇ ਆਤਮਕ ਜੀਵਨ ਨੂੰ ਪਛਾਣ ਨਹੀਂ ਸਕਦਾ। ਪਰਮਾਤਮਾ ਦੇ ਨਾਮ ਤੋਂ ਖੁੰਝਿਆ ਹੋਣ ਕਰਕੇ ਆਤਮਕ ਮੌਤ (ਇਸ ਦੇ ਸਿਰ ਤੋਂ) ਨਹੀਂ ਟਲਦੀ ॥੫॥
43351	1014	ਜੇਤਾ ਮੋਹੁ ਹਉਮੈ ਕਰਿ ਭੂਲੇ ਮੇਰੀ ਮੇਰੀ ਕਰਤੇ ਛੀਨਿ ਖਰੇ॥		Jaethaa Mohu Houmai Kar Bhoolae Maeree Maeree Karathae Shheen Kharae ||	The more attachment and egotism delude and confuse him, the more he cries out, ""Mine, mine!"", and the more he loses out.	ਜਿਤਨਾ ਹੀ ਮੋਹ ਤੇ ਹਉਮੈ ਕਰ ਕੇ ਜੀਵ ਸਹੀ ਜੀਵਨ-ਰਾਹ ਤੋਂ ਭੁੱਲਦਾ ਹੈ, ਜਿਤਨਾ ਹੀ ਵਧੀਕ 'ਮੇਰੀ (ਮਾਇਆ) ਮੇਰੀ (ਮਾਇਆ)' ਕਰਦਾ ਹੈ, ਉਤਨਾ ਹੀ ਇਹ ਹਉਮੈ ਮਮਤਾ ਇਸ ਦੇ ਆਤਮਕ ਜੀਵਨ ਨੂੰ ਖੋਹ ਕੇ ਲੈ ਜਾਂਦੇ ਹਨ।

43352	1014	ਤਨੁ ਧਨੁ ਬਿਨਸੈ ਸਹਸੈ ਸਹਸਾ ਫਿਰਿ ਪਛੁਤਾਵੈ ਮੁਖਿ ਧੂਰਿ ਪਰੇ॥੬॥		Than Dhhan Binasai Sehasai Sehasaa Fir Pashhuthaavai Mukh Dhhoor Parae ||6||	His body and wealth pass away, and he is torn by skepticism and cynicism; in the end, he regrets and repents, when the dust falls on his face. ||6||	ਆਖ਼ਰ ਇਹ ਸਰੀਰ ਤੇ ਇਹ ਧਨ, (ਜਿਨ੍ਹਾਂ ਦੀ ਖ਼ਾਤਰ ਹਰ ਵੇਲੇ ਸਹਿਮ ਵਿਚ ਰਹਿੰਦਾ ਸੀ) ਨਾਸ ਹੋ ਜਾਂਦਾ ਹੈ। ਤਦੋਂ ਜੀਵ ਪਛੁਤਾਂਦਾ ਹੈ, (ਪਰ ਉਸ ਵੇਲੇ ਪਛੁਤਾਇਆਂ ਕੁਝ ਨਹੀਂ ਬਣਦਾ) ਇਸ ਦੇ ਮੂੰਹ ਉਤੇ ਫਿਟਕਾਰ ਹੀ ਪੈਂਦੀ ਹੈ ॥੬॥
43353	1014	ਬਿਰਧਿ ਭਇਆ ਜੋਬਨੁ ਤਨੁ ਖਿਸਿਆ ਕਫੁ ਕੰਠੁ ਬਿਰੂਧੋ ਨੈਨਹੁ ਨੀਰੁ ਢਰੇ॥		Biradhh Bhaeiaa Joban Than Khisiaa Kaf Kanth Biroodhho Nainahu Neer Dtarae ||	He grows old, his body and youth waste away, and his throat is plugged with mucous; water flows from his eyes.	ਮਨੁੱਖ ਬੁੱਢਾ ਹੋ ਜਾਂਦਾ ਹੈ, ਜਵਾਨੀ ਖਿਸਕ ਜਾਂਦੀ ਹੈ ਸਰੀਰ ਕਮਜ਼ੋਰ ਹੋ ਜਾਂਦਾ ਹੈ, ਸੰਘ ਬਲਗ਼ਮ ਨਾਲ ਰੁਕਿਆ ਰਹਿੰਦਾ ਹੈ, ਅੱਖਾਂ ਤੋਂ ਪਾਣੀ ਵਗਦਾ ਰਹਿੰਦਾ ਹੈ,
43354	1014	ਚਰਣ ਰਹੇ ਕਰ ਕੰਪਣ ਲਾਗੇ ਸਾਕਤ ਰਾਮੁ ਨ ਰਿਦੈ ਹਰੇ॥੭॥		Charan Rehae Kar Kanpan Laagae Saakath Raam N Ridhai Harae ||7||	He feet fail him, and his hands shake and tremble; the faithless cynic does not enshrine the Lord in his heart. ||7||	ਪੈਰ (ਤੁਰਨੋਂ) ਰਹਿ ਜਾਂਦੇ ਹਨ, ਹੱਥ ਕੰਬਣ ਲੱਗ ਪੈਂਦੇ ਹਨ, (ਫਿਰ ਭੀ) ਮਾਇਆ-ਵੇੜ੍ਹੇ ਜੀਵ ਦੇ ਹਿਰਦੇ ਵਿਚ ਹਰੀ ਪਰਮਾਤਮਾ (ਦਾ ਨਾਮ) ਨਹੀਂ (ਵੱਸਦਾ) ॥੭॥
43355	1014	ਸੁਰਤਿ ਗਈ ਕਾਲੀ ਹੂ ਧਉਲੇ ਕਿਸੈ ਨ ਭਾਵੈ ਰਖਿਓ ਘਰੇ॥		Surath Gee Kaalee Hoo Dhhoulae Kisai N Bhaavai Rakhiou Gharae ||	His intellect fails him, his black hair turns white, and no one wants to keep him in their home.	(ਬੁੱਢਾ ਹੋ ਜਾਣ ਤੇ) ਅਕਲ ਟਿਕਾਣੇ ਨਹੀਂ ਰਹਿੰਦੀ, ਕੇਸ ਕਾਲੇ ਤੋਂ ਚਿੱਟੇ ਹੋ ਜਾਂਦੇ ਹਨ, ਘਰ ਵਿਚ ਰੱਖਿਆ ਹੋਇਆ ਕਿਸੇ ਨੂੰ ਚੰਗਾ ਨਹੀਂ ਲੱਗਦਾ।

43356	1014	ਬਿਸਰਤ ਨਾਮ ਐਸੇ ਦੋਖ ਲਾਗਹਿ ਜਮੁ ਮਾਰਿ ਸਮਾਰੇ ਨਰਕਿ ਖਰੇ॥੮॥	(ਖਰੇ) ਲਿਜਾਂਦਾ ਹੈ	Bisarath Naam Aisae Dhokh Laagehi Jam Maar Samaarae Narak Kharae ||8||	Forgetting the Naam, these are the stigmas which stick to him; the Messenger of Death beats him, and drags him to hell. ||8||	(ਫਿਰ ਭੀ ਪਰਮਾਤਮਾ ਦੇ ਨਾਮ ਨੂੰ ਭੁਲਾਈ ਰੱਖਦਾ ਹੈ) ਪਰਮਾਤਮਾ ਦਾ ਨਾਮ ਵਿਸਾਰੀ ਰੱਖਣ ਤੇ ਅਜੇਹੇ ਭੈੜ ਇਸ ਨੂੰ ਚੰਬੜੇ ਰਹਿੰਦੇ ਹਨ ਜਿਨ੍ਹਾਂ ਕਰ ਕੇ ਜਮਰਾਜ ਇਸ ਨੂੰ ਮਾਰ ਕੇ ਨਰਕ ਵਿਚ ਲੈ ਜਾਂਦਾ ਹੈ ॥੮॥
43357	1014	ਪੂਰਬ ਜਨਮ ਕੋ ਲੇਖੁ ਨ ਮਿਟਈ ਜਨਮਿ ਮਰੈ ਕਾ ਕਉ ਦੋਸੁ ਧਰੇ॥		Poorab Janam Ko Laekh N Mittee Janam Marai Kaa Ko Dhos Dhharae ||	The record of one's past actions cannot be erased; who else is to blame for one's birth and death?	(ਪਰ ਜੀਵ ਦੇ ਭੀ ਵੱਸ ਦੀ ਗੱਲ ਨਹੀਂ) ਪੂਰਬਲੇ ਜਨਮਾਂ ਦੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਲੇਖਾ ਮਿਟਦਾ ਨਹੀਂ (ਜਿਤਨਾ ਚਿਰ ਉਹ ਲੇਖਾ ਮੌਜੂਦ ਹੈ, ਉਹਨਾਂ ਦੇ ਪ੍ਰਭਾਵ ਹੇਠ ਕੁਕਰਮ ਕਰ ਕਰ ਕੇ) ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ। ਜੀਵ ਵਿਚਾਰਾ ਹੋਰ ਕਿਸ ਨੂੰ ਦੋਸ ਦੇਵੇ?
43358	1014	ਬਿਨੁ ਗੁਰ ਬਾਦਿ ਜੀਵਣੁ ਹੋਰੁ ਮਰਣਾ ਬਿਨੁ ਗੁਰ ਸਬਦੈ ਜਨਮੁ ਜਰੇ॥੯॥		Bin Gur Baadh Jeevan Hor Maranaa Bin Gur Sabadhai Janam Jarae ||9||	Without the Guru, life and death are pointless; without the Word of the Guru's Shabad, life just burns away. ||9||	(ਅਸਲ ਗੱਲ ਇਹ ਹੈ ਕਿ) ਗੁਰੂ ਦੀ ਸਰਨ ਤੋਂ ਬਿਨਾ ਜ਼ਿੰਦਗੀ ਵਿਅਰਥ ਜਾਂਦੀ ਹੈ (ਵਿਕਾਰਾਂ ਵਿਚ ਪੈ ਕੇ ਮਨੁੱਖ) ਹੋਰ ਆਤਮਕ ਮੌਤ ਹੋਰ ਆਤਮਕ ਮੌਤ ਸਹੇੜਦਾ ਜਾਂਦਾ ਹੈ। ਗੁਰੂ ਦੇ ਸ਼ਬਦ ਤੋਂ ਖੁੰਝਣ ਕਰਕੇ ਜ਼ਿੰਦਗੀ (ਵਿਕਾਰਾਂ ਵਿਚ) ਸੜ ਜਾਂਦੀ ਹੈ ॥੯॥

43359	1014	ਖੁਸੀ ਖੁਆਰ ਭਏ ਰਸ ਭੋਗਣ ਫੋਕਟ ਕਰਮ ਵਿਕਾਰ ਕਰੇ॥		Khusee Khuaar Bheae Ras Bhogan Fokatt Karam Vikaar Karae ||	The pleasures enjoyed in happiness bring ruin; acting in corruption is useless indulgence.	ਜੀਵ ਦੁਨੀਆ ਦੀਆਂ ਖ਼ੁਸ਼ੀਆਂ ਮਾਣਨ ਵਿਚ, ਰਸ ਭੋਗਣ ਵਿਚ, ਤੇ ਹੋਰ ਫੋਕੇ ਤੇ ਮੰਦੇ ਕਰਮ ਕਰਨ ਵਿਚ ਪੈ ਕੇ ਖ਼ੁਆਰ ਹੁੰਦਾ ਹੈ।
43360	1014	ਨਾਮੁ ਬਿਸਾਰਿ ਲੋਭਿ ਮੂਲੁ ਖੋਇਓ ਸਿਰਿ ਧਰਮਰਾਇ ਕਾ ਡੰਡੁ ਪਰੇ॥੧੦॥		Naam Bisaar Lobh Mool Khoeiou Sir Dhharam Raae Kaa Ddandd Parae ||10||	Forgetting the Naam, and caught by greed, he betrays his own source; the club of the Righteous Judge of Dharma will strike him over the head. ||10||	ਪਰਮਾਤਮਾ ਦਾ ਨਾਮ ਭੁਲਾ ਕੇ, ਲੋਭ ਵਿਚ ਫਸ ਕੇ ਮੂਲ ਭੀ ਗਵਾ ਲੈਂਦਾ ਹੈ, ਆਖ਼ਰ ਇਸ ਦੇ ਸਿਰ ਉਤੇ ਧਰਮਰਾਜ ਦਾ ਡੰਡਾ ਪੈਂਦਾ ਹੈ ॥੧੦॥
43361	1014	ਗੁਰਮੁਖਿ ਰਾਮ ਨਾਮ ਗੁਣ ਗਾਵਹਿ ਜਾ ਕਉ ਹਰਿ ਪ੍ਰਭੁ ਨਦਰਿ ਕਰੇ॥		Guramukh Raam Naam Gun Gaavehi Jaa Ko Har Prabh Nadhar Karae ||	The Gurmukhs sing the Glorious Praises of the Lord's Name; the Lord God blesses them with His Glance of Grace.	ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਪਰਮਾਤਮਾ ਦੇ ਨਾਮ ਦੇ ਗੁਣ ਗਾਂਦੇ ਹਨ। ਜਿਨ੍ਹਾਂ ਉਤੇ ਹਰੀ-ਪ੍ਰਭੂ ਮੇਹਰ ਦੀ ਨਿਗਾਹ ਕਰਦਾ ਹੈ,
43362	1014	ਤੇ ਨਿਰਮਲ ਪੁਰਖ ਅਪਰੰਪਰ ਪੂਰੇ ਤੇ ਜਗ ਮਹਿ ਗੁਰ ਗੋਵਿਦ ਹਰੇ॥੧੧॥	ਅਪ-ਰੰਪਰ	Thae Niramal Purakh Aparanpar Poorae Thae Jag Mehi Gur Govindh Harae ||11||	Those beings are pure, perfect unlimited and infinite; in this world, they are the embodiment of the Guru, the Lord of the Universe. ||11||	ਉਹ ਜਗਤ ਵਿਚ ਹਰੀ ਗੋਬਿੰਦ ਬੇਅੰਤ ਪੂਰਨ ਸਰਬ-ਵਿਆਪਕ ਨੂੰ ਸਿਮਰ ਕੇ ਪਵਿਤ੍ਰ ਜੀਵਨ ਵਾਲੇ ਹੋ ਜਾਂਦੇ ਹਨ ॥੧੧॥

43363	1014	ਹਰਿ ਸਿਮਰਹੁ ਗੁਰ ਬਚਨ ਸਮਾਰਹੁ ਸੰਗਤਿ ਹਰਿ ਜਨ ਭਾਉ ਕਰੇ॥		Har Simarahu Gur Bachan Samaarahu Sangath Har Jan Bhaao Karae ||	Meditate in remembrance on the Lord; meditate and contemplate the Guru's Word, and love to associate with the humble servants of the Lord.	ਸੰਤ ਜਨਾਂ ਦੀ ਸੰਗਤ ਵਿਚ ਪ੍ਰੇਮ ਜੋੜ ਕੇ ਪਰਮਾਤਮਾ ਦਾ ਨਾਮ ਸਿਮਰੋ, ਗੁਰੂ ਦੇ ਬਚਨ (ਹਿਰਦੇ ਵਿਚ) ਸੰਭਾਲ ਰੱਖੋ।
43364	1014	ਹਰਿ ਜਨ ਗੁਰੁ ਪਰਧਾਨੁ ਦੁਆਰੈ ਨਾਨਕ ਤਿਨ ਜਨ ਕੀ ਰੇਣੁ ਹਰੇ॥੧੨॥੮॥		Har Jan Gur Paradhhaan Dhuaarai Naanak Thin Jan Kee Raen Harae ||12||8||	The Lord's humble servants are the embodiment of the Guru; they are supreme and respected in the Court of the Lord. Nanak seeks the dust of the feet of those humble servants of the Lord. ||12||8||	ਪਰਮਾਤਮਾ ਦੇ ਦਰ ਤੇ ਗੁਰੂ (ਦਾ ਬਚਨ) ਹੀ ਆਦਰ ਪਾਂਦਾ ਹੈ, ਸੰਤ ਜਨਾਂ ਦੀ ਸੰਗਤ ਹੀ ਕਬੂਲ ਪੈਂਦੀ ਹੈ। ਹੇ ਨਾਨਕ! (ਅਰਦਾਸ ਕਰ-) ਹੇ ਹਰੀ! (ਮੈਨੂੰ) ਉਹਨਾਂ ਸੰਤ ਜਨਾਂ ਦੇ ਚਰਨਾਂ ਦੀ ਧੂੜ (ਦੇਹ) ॥੧੨॥੮॥
43365	1014	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਰਾਗ ਮਾਰੂ/ਕਾਫੀ, ਘਰ ੨ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
43366	1014	ਮਾਰੂ ਕਾਫੀ ਮਹਲਾ ੧ ਘਰੁ ੨॥		Maaroo Kaafee Mehalaa 1 Ghar 2 ||	Maaroo, Kaafee, First Mehl, Second House:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

43367	1014	ਆਵਉ ਵੰਞਉ ਡੁੰਮਣੀ ਕਿਤੀ ਮਿਤ੍ਰ ਕਰੇਉ॥	(ਕਿਤੀ) ਕਿਤ ਨੇ। ਕਿਤੀ: ਪੋਲਾ ਬੋਲੋ	Aavo Vannjo Ddunmanee Kithee Mithr Karaeo ||	The double-minded person comes and goes, and has numerous friends.	(ਹੇ ਪ੍ਰੀਤਮ ਪ੍ਰਭੂ! ਤੈਥੋਂ ਵਿਛੁੜ ਕੇ) ਮੈਂ ਡੱਡੋਲਿਕੀ ਹੋਈ ਹੋਈ (ਜਨਮਾਂ ਦੇ ਗੇੜ ਵਿਚ) ਭਟਕਦੀ ਫਿਰਦੀ ਹਾਂ (ਦਿਲ ਦੇ ਧਰਵਾਸ ਲਈ) ਮੈਂ ਅਨੇਕਾਂ ਹੋਰ ਮਿੱਤਰ ਬਣਾਂਦੀ ਹਾਂ,
43368	1014	ਸਾ ਧਨ ਢੋਈ ਨ ਲਹੈ ਵਾਢੀ ਕਿਉ ਧੀਰੇਉ॥੧॥		Saa Dhhan Dtoee N Lehai Vaadtee Kio Dhheeraeo ||1||	The soul-bride is separated from her Lord, and she has no place of rest; how can she be comforted? ||1||	ਪਰ ਜਦ ਤਕ ਤੈਥੋਂ ਵਿਛੁੜੀ ਹੋਈ ਹਾਂ, ਮੈਨੂੰ ਧਰਵਾਸ ਕਿਵੇਂ ਆਵੇ? (ਤੈਥੋਂ ਵਿਛੁੜੀ) ਜੀਵ-ਇਸਤ੍ਰੀ (ਕਿਸੇ ਹੋਰ ਥਾਂ) ਆਸਰਾ ਲੱਭ ਹੀ ਨਹੀਂ ਸਕਦੀ ॥੧॥
43369	1014	ਮੈਡਾ ਮਨੁ ਰਤਾ ਆਪਨੜੇ ਪਿਰ ਨਾਲਿ॥		Maiddaa Man Rathaa Aapanarrae Pir Naal ||	My mind is attuned to the Love of my Husband Lord.	(ਹੇ ਪ੍ਰੀਤਮ ਪ੍ਰਭੂ!) ਮੇਰਾ ਮਨ (ਤੈਂ) ਆਪਣੇ ਪਿਆਰੇ ਪਤੀ ਨਾਲ ਰੰਗਿਆ ਗਿਆ ਹੈ।
43370	1014	ਹਉ ਘੋਲਿ ਘੁਮਾਈ ਖੰਨੀਐ ਕੀਤੀ ਹਿਕ ਭੋਰੀ ਨਦਰਿ ਨਿਹਾਲਿ॥੧॥ਰਹਾਉ ॥	ਹਿੱਕ	Ho Ghol Ghumaaee Khanneeai Keethee Hik Bhoree Nadhar Nihaal ||1|| Rehaao ||	I am devoted, dedicated, a sacrifice to the Lord; if only He would bless me with His Glance of Grace, even for an instant! ||1||Pause||	ਮੈਂ ਤੈਥੋਂ ਵਾਰਨੇ ਜਾਂਦੀ ਹਾਂ, ਕੁਰਬਾਨ ਜਾਂਦੀ ਹਾਂ। ਰਤਾ ਭਰ ਸਮਾ ਹੀ (ਮੇਰੇ ਵਲ) ਮੇਹਰ ਦੀ ਨਜ਼ਰ ਨਾਲ ਵੇਖ ॥੧॥ ਰਹਾਉ ॥

43371	1014	ਪੇਈਅੜੈ ਡੋਹਾਗਣੀ ਸਾਹੁਰੜੈ ਕਿਉ ਜਾਉ॥		Paeeearrai Ddohaaganee Saahurarrai Kio Jaao ||	I am a rejected bride, abandoned in my parents' home; how can I go to my in-laws now?	(ਇਸ ਸੰਸਾਰ) ਪੇਕੇ ਘਰ ਵਿਚ ਮੈਂ (ਸਾਰੀ ਉਮਰ) ਪ੍ਰਭੂ-ਪਤੀ ਤੋਂ ਵਿਛੁੜੀ ਰਹੀ ਹਾਂ, ਮੈਂ ਪਤੀ-ਪ੍ਰਭੂ ਦੇ ਦੇਸ ਕਿਵੇਂ ਪਹੁੰਚ ਸਕਦੀ ਹਾਂ?
43372	1014	ਮੈ ਗਲਿ ਅਉਗਣ ਮੁਠੜੀ ਬਿਨੁ ਪਿਰ ਝੂਰਿ ਮਰਾਉ॥੨॥		Mai Gal Aougan Mutharree Bin Pir Jhoor Maraao ||2||	I wear my faults around my neck; without my Husband Lord, I am grieving, and wasting away to death. ||2||	(ਪ੍ਰਭੂ ਤੋਂ ਵਿਛੋੜੇ ਦੇ ਕਾਰਨ) ਔਗੁਣ ਮੇਰੇ ਗਲ ਗਲ ਤਕ ਪਹੁੰਚ ਗਏ ਹਨ, (ਸਾਰੀ ਉਮਰ) ਮੈਨੂੰ ਔਗੁਣਾਂ ਨੇ ਠੱਗੀ ਰੱਖਿਆ ਹੈ। ਪਤੀ-ਪ੍ਰਭੂ ਦੇ ਮਿਲਾਪ ਤੋਂ ਵਾਂਜੀ ਰਹਿ ਕੇ ਮੈਂ ਅੰਦਰੇ ਅੰਦਰ ਦੁਖੀ ਭੀ ਹੋ ਰਹੀ ਹਾਂ, ਤੇ ਆਤਮਕ ਮੌਤ ਭੀ ਮੈਂ ਸਹੇੜ ਲਈ ਹੈ ॥੨॥
43373	1014	ਪੇਈਅੜੈ ਪਿਰੁ ਸੰਮਲਾ ਸਾਹੁਰੜੈ ਘਰਿ ਵਾਸੁ॥		Paeeearrai Pir Sanmalaa Saahurarrai Ghar Vaas ||	But if, in my parents' home, I remember my Husband Lord, then I will come to dwell in the home of my in-laws yet.	ਜੇ ਮੈਂ (ਇਸ ਸੰਸਾਰ) ਪੇਕੇ ਘਰ ਵਿਚ ਪਤੀ-ਪ੍ਰਭੂ ਨੂੰ (ਆਪਣੇ ਹਿਰਦੇ ਵਿਚ) ਸੰਭਾਲ ਰੱਖਾਂ ਤਾਂ ਪਤੀ-ਪ੍ਰਭੂ ਦੇ ਦੇਸ ਮੈਨੂੰ ਉਸ ਦੇ ਚਰਨਾਂ ਵਿਚ ਥਾਂ ਮਿਲ ਜਾਏ।
43374	1014	ਸੁਖਿ ਸਵੰਧਿ ਸੋਹਾਗਣੀ ਪਿਰੁ ਪਾਇਆ ਗੁਣਤਾਸੁ॥੩॥	ਸ–ਵੰਧਿ	Sukh Savandhh Sohaaganee Pir Paaeiaa Gunathaas ||3||	The happy soul-brides sleep in peace; they find their Husband Lord, the treasure of virtue. ||3||	ਉਹ ਭਾਗਾਂ ਵਾਲੀਆਂ (ਜੀਵਨ-ਰਾਤ) ਸੁਖ ਨਾਲ ਸੌਂ ਕੇ ਗੁਜ਼ਾਰਦੀਆਂ ਹਨ ਜਿਨ੍ਹਾਂ ਨੇ (ਪੇਕੇ ਘਰ ਵਿਚ) ਗੁਣਾਂ ਦਾ ਖ਼ਜ਼ਾਨਾ ਪਤੀ-ਪ੍ਰਭੂ ਲੱਭ ਲਿਆ ਹੈ ॥੩॥

43375	1014	ਲੇਫੁ ਨਿਹਾਲੀ ਪਟ ਕੀ ਕਾਪੜੁ ਅੰਗਿ ਬਣਾਇ॥	ਪੱਟ	Laef Nihaalee Patt Kee Kaaparr Ang Banaae ||	Their blankets and mattresses are made of silk, and so are the clothes on their bodies.	(ਪਤੀ ਪ੍ਰਭੂ ਨੂੰ ਭੁਲੀਆਂ ਜੀਵ-ਇਸਤ੍ਰੀਆਂ) ਜੇ ਰੇਸ਼ਮ ਦਾ ਲੇਫ ਲੈਣ ਰੇਸ਼ਮ ਦੀ ਤੁਲਾਈ ਲੈਣ, ਹੋਰ ਕੱਪੜਾ ਭੀ ਰੇਸ਼ਮ ਦਾ ਹੀ ਬਣਾ ਕੇ ਸਰੀਰ ਉਤੇ ਵਰਤਣ,
43376	1014	ਪਿਰੁ ਮੁਤੀ ਡੋਹਾਗਣੀ ਤਿਨ ਡੁਖੀ ਰੈਣਿ ਵਿਹਾਇ॥੪॥	ਮੁੱਤੀ	Pir Muthee Ddohaaganee Thin Ddukhee Rain Vihaae ||4||	The Lord rejects the impure soul-brides. Their life-night passes in misery. ||4||	ਤਾਂ ਭੀ ਉਹਨਾਂ ਦੀ ਜੀਵਨ-ਰਾਤ ਦੁੱਖਾਂ ਵਿਚ ਹੀ ਬੀਤਦੀ ਹੈ, ਜਿਨ੍ਹਾਂ ਮੰਦ-ਭਾਗਣਾਂ ਨੇ ਪਤੀ ਨੂੰ ਭੁਲਾ ਦਿੱਤਾ ਤੇ ਜੋ ਛੁੱਟੜ ਹੋ ਗਈਆਂ ॥੪॥
43377	1015	ਕਿਤੀ ਚਖਉ ਸਾਡੜੇ ਕਿਤੀ ਵੇਸ ਕਰੇਉ॥	(ਸਾਡੜੇ) ਸੁਆਦ। ਕਿਤੀ: ਪੋਲੇ ਬੋਲੋ। ਚੱਖਉ	Kithee Chakho Saaddarrae Kithee Vaes Karaeo ||	I have tasted many flavors, and worn many robes,	ਜੇ ਮੈਂ ਅਨੇਕਾਂ ਹੀ ਸੁਆਦਲੇ ਖਾਣੇ ਖਾਂਦੀ ਰਹਾਂ, ਅਨੇਕਾਂ ਹੀ ਸੋਹਣੇ ਪਹਿਰਾਵੇ ਕਰਦੀ ਰਹਾਂ,
43378	1015	ਪਿਰ ਬਿਨੁ ਜੋਬਨੁ ਬਾਦਿ ਗਇਅਮੁ ਵਾਢੀ ਝੂਰੇਦੀ ਝੂਰੇਉ॥੫॥	(ਝੁਰੇਉ) ਵਿਛੁੜ ਕੇ ਝੋਰ੍ਹਿਆਂ ਚ ਝੂਰ੍ਦੀ ਹੀ ਝੂਰ੍ਦੀ। ਗ-ਇਅਮੁ। ਝੂਰੇਂਦੀ	Pir Bin Joban Baadh Gaeiam Vaadtee Jhooraedhee Jhooraeo ||5||	But without my Husband Lord, my youth is slipping away uselessly; I am separated from Him, and I cry out in pain. ||5||	ਫਿਰ ਭੀ ਪਤੀ-ਪ੍ਰਭੂ ਤੋਂ ਵਿਛੁੜ ਕੇ ਮੇਰੀ ਜਵਾਨੀ ਵਿਅਰਥ ਹੀ ਜਾ ਰਹੀ ਹੈ। ਜਦ ਤਕ ਮੈਂ ਛੁੱਟੜ ਹਾਂ, ਮੈਂ (ਸਾਰੀ ਉਮਰ) ਝੁਰ ਝੁਰ ਕੇ ਹੀ ਦਿਨ ਕੱਟਾਂਗੀ ॥੫॥
43379	1015	ਸਚੇ ਸੰਦਾ ਸਦੜਾ ਸੁਣੀਐ ਗੁਰ ਵੀਚਾਰਿ॥	ਸੱਦੜਾ	Sachae Sandhaa Sadharraa Suneeai Gur Veechaar ||	I have heard the True Lord's message, contemplating the Guru.	ਜੇ ਸਦਾ-ਥਿਰ ਪ੍ਰਭੂ ਦਾ ਪਿਆਰ-ਸੁਨੇਹਾ ਸਤਿਗੁਰੂ ਦੀ ਬਾਣੀ ਦੀ ਵਿਚਾਰ ਦੀ ਰਾਹੀਂ ਸੁਣੀਏ,

43380	1015	ਸਚੇ ਸਚਾ ਬੈਹਣਾ ਨਦਰੀ ਨਦਰਿ ਪਿਆਰਿ॥੬॥		Sachae Sachaa Baihanaa Nadharee Nadhar Piaar ||6||	True is the home of the True Lord; by His Gracious Grace, I love Him. ||6||	ਤਾਂ ਉਸ ਸਦਾ-ਥਿਰ ਪਤੀ-ਪ੍ਰਭੂ ਦਾ ਸਦਾ ਲਈ ਸਾਥ ਮਿਲ ਜਾਂਦਾ ਹੈ, ਉਹ ਮੇਹਰ ਦੀ ਨਜ਼ਰ ਵਾਲਾ ਪ੍ਰਭੂ ਮੇਹਰ ਦੀ ਨਜ਼ਰ ਨਾਲ ਤੱਕਦਾ ਹੈ, ਤੇ ਉਸ ਦੇ ਪਿਆਰ ਵਿਚ ਲੀਨ ਹੋ ਜਾਦੀਦਾ ਹੈ ॥੬॥
43381	1015	ਗਿਆਨੀ ਅੰਜਨੁ ਸਚ ਕਾ ਡੇਖੈ ਡੇਖਣਹਾਰੁ॥		Giaanee Anjan Sach Kaa Ddaekhai Ddaekhanehaar ||	The spiritual teacher applies the ointment of Truth to his eyes, and sees God, the Seer.	ਪਰਮਾਤਮਾ ਨਾਲ ਜਾਣ-ਪਛਾਣ ਪਾਣ ਵਾਲਾ ਸਦਾ-ਥਿਰ ਪ੍ਰਭੂ ਦੇ ਨਾਮ ਦਾ ਸੁਰਮਾ ਵਰਤਦਾ ਹੈ, ਤੇ ਉਹ ਪ੍ਰਭੂ ਦਾ ਦੀਦਾਰ ਕਰ ਲੈਂਦਾ ਹੈ ਜੋ ਸਭ ਜੀਵਾਂ ਦੀ ਸੰਭਾਲ ਕਰਨ ਦੇ ਸਮਰੱਥ ਹੈ।
43382	1015	ਗੁਰਮੁਖਿ ਬੂਝੈ ਜਾਣੀਐ ਹਉਮੈ ਗਰਬੁ ਨਿਵਾਰਿ॥੭॥		Guramukh Boojhai Jaaneeai Houmai Garab Nivaar ||7||	The Gurmukh comes to know and understand; ego and pride are subdued. ||7||	ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਇਸ ਭੇਤ ਨੂੰ) ਸਮਝ ਲੈਂਦਾ ਹੈ ਉਹ ਹਉਮੈ ਅਹੰਕਾਰ ਦੂਰ ਕਰ ਕੇ (ਉਸ ਦੀ ਹਜ਼ੂਰੀ ਵਿਚ) ਆਦਰ ਪਾਂਦਾ ਹੈ ॥੭॥
43383	1015	ਤਉ ਭਾਵਨਿ ਤਉ ਜੇਹੀਆ ਮੂ ਜੇਹੀਆ ਕਿਤੀਆਹ॥	ਕਿਤੀ-ਆਹ	Tho Bhaavan Tho Jaeheeaa Moo Jaeheeaa Kitheeaah ||	O Lord, You are pleased with those who are like Yourself; there are many more like me.	ਹੇ ਪਤੀ-ਪ੍ਰਭੂ! ਜੇਹੜੀਆਂ ਜੀਵ-ਇਸਤ੍ਰੀਆਂ ਤੈਨੂੰ ਚੰਗੀਆਂ ਲੱਗਦੀਆਂ ਹਨ, ਉਹ ਤੇਰੇ ਵਰਗੀਆਂ ਹੋ ਜਾਂਦੀਆਂ ਹਨ, (ਪਰ ਤੇਰੀ ਮੇਹਰ ਦੀ ਨਿਗਾਹ ਤੋਂ ਵਾਂਜੀਆਂ ਹੋਈਆਂ) ਮੇਰੇ ਵਰਗੀਆਂ ਭੀ ਅਨੇਕਾਂ ਹੀ ਹਨ।

43384	1015	ਨਾਨਕ ਨਾਹੁ ਨ ਵੀਛੁੜੈ ਤਿਨ ਸਚੈ ਰਤੜੀਆਹ॥੮॥੧॥੯॥	ਰੱਤੜੀ-ਆਹ	Naanak Naahu N Veeshhurrai Thin Sachai Ratharreeaah ||8||1||9||	O Nanak, the Husband does not separate from those who are imbued with Truth. ||8||1||9||	ਹੇ ਨਾਨਕ! ਜੇਹੜੀਆਂ ਜੀਵ-ਇਸਤ੍ਰੀਆਂ ਸਦਾ-ਥਿਰ ਪ੍ਰਭੂ ਦੇ ਪਿਆਰ ਵਿਚ ਰੰਗੀਆਂ ਰਹਿੰਦੀਆਂ ਹਨ, ਉਹਨਾਂ (ਦੇ ਹਿਰਦੇ) ਤੋਂ ਪਤੀ-ਪ੍ਰਭੂ ਕਦੇ ਨਹੀਂ ਵਿਛੁੜਦਾ ॥੮॥੧॥੯॥
43385	1015	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
43386	1015	ਨਾ ਭੈਣਾ ਭਰਜਾਈਆ ਨਾ ਸੇ ਸਸੁੜੀਆਹ॥		Naa Bhainaa Bharajaaeeaa Naa Sae Sasurreeaah ||	Neither the sisters, nor the sisters-in-law, nor the mothers-in-law, shall remain.	ਨਾਹ ਭੈਣਾਂ ਨਾਹ ਭਰਜਾਈਆਂ ਨਾਹ ਸੱਸਾਂ-ਕਿਸੇ ਦਾ ਭੀ ਉਹੋ ਜਿਹਾ ਸਾਕ ਨਹੀਂ ਜੋ (ਸਤਸੰਗੀ) ਸਹੇਲੀਆਂ ਦਾ ਹੈ।
43387	1015	ਸਚਾ ਸਾਕੁ ਨ ਤੁਟਈ ਗੁਰ ਮੇਲੇ ਸਹੀਆਹ॥੧॥		Sachaa Saak N Thuttee Gur Maelae Seheeaah ||1||	The true relationship with the Lord cannot be broken; it was established by the Lord, O sister soul-brides. ||1||	ਗੁਰੂ (ਸਤ ਸੰਗੀ-) ਸਹੇਲੀਆਂ ਨਾਲ ਮਿਲਾਂਦਾ ਹੈ (ਸਤਸੰਗੀਆਂ ਵਾਲਾ) ਸਦਾ-ਥਿਰ ਰਹਿਣ ਵਾਲਾ ਸਾਕ ਕਦੇ ਨਹੀਂ ਟੁੱਟਦਾ ॥੧॥
43388	1015	ਬਲਿਹਾਰੀ ਗੁਰ ਆਪਣੇ ਸਦ ਬਲਿਹਾਰੈ ਜਾਉ॥		Balihaaree Gur Aapanae Sadh Balihaarai Jaao ||	I am a sacrifice to my Guru; I am forever a sacrifice to Him.	ਮੈਂ ਆਪਣੇ ਗੁਰੂ ਤੋਂ ਕੁਰਬਾਨ ਹਾਂ, ਸਦਾ ਕੁਰਬਾਨ ਜਾਂਦੀ ਹਾਂ।

43389	1015	ਗੁਰ ਬਿਨੁ ਏਤਾ ਭਵਿ ਥਕੀ ਗੁਰਿ ਪਿਰੁ ਮੇਲਿਮੁ ਦਿਤਮੁ ਮਿਲਾਇ॥੧॥ਰਹਾਉ ॥		Gur Bin Eaethaa Bhav Thhakee Gur Pir Maelim Dhitham Milaae ||1|| Rehaao ||	Wandering so far without the Guru, I grew weary; now, the Guru has united me in Union with my Husband Lord. ||1||Pause||	ਗੁਰੂ (ਦੇ ਮਿਲਾਪ) ਤੋਂ ਬਿਨਾ ਮੈਂ ਭੌਂ ਭੌਂ ਕੇ ਬਹੁਤ ਥੱਕ ਗਈ ਸਾਂ, (ਹੁਣ) ਗੁਰੂ ਨੇ ਮੈਨੂੰ ਪਤੀ ਮਿਲਾਇਆ ਹੈ, ਮੈਨੂੰ (ਪਤੀ) ਮਿਲਾ ਦਿੱਤਾ ਹੈ ॥੧॥ ਰਹਾਉ ॥
43390	1015	ਫੁਫੀ ਨਾਨੀ ਮਾਸੀਆ ਦੇਰ ਜੇਠਾਨੜੀਆਹ॥		Fufee Naanee Maaseeaa Dhaer Jaethaanarreeaah ||	Aunts, uncles, grandparents and sisters-in-law	ਫੁੱਫੀਆਂ, ਨਾਨੀਆਂ, ਮਾਸੀਆਂ, ਦਿਰਾਣੀਆਂ, ਜਿਠਾਣੀਆਂ-
43391	1015	ਆਵਨਿ ਵੰਞਨਿ ਨਾ ਰਹਨਿ ਪੂਰ ਭਰੇ ਪਹੀਆਹ॥੨॥		Aavan Vannjan Naa Rehan Poor Bharae Peheeaah ||2||	- they all come and go; they cannot remain. They are like boatloads of passengers embarking. ||2||	ਇਹ (ਸੰਸਾਰ ਵਿਚ) ਆਉਂਦੀਆਂ ਹਨ ਤੇ ਚਲੀਆਂ ਜਾਂਦੀਆਂ ਹਨ, ਸਦਾ (ਸਾਡੇ ਨਾਲ) ਨਹੀਂ ਰਹਿੰਦੀਆਂ। ਇਹਨਾਂ (ਸਾਕਾਂ ਅੰਗਾਂ-) ਰਾਹੀਆਂ ਦੇ ਪੂਰਾਂ ਦੇ ਪੂਰ ਭਰੇ ਹੋਏ ਚਲੇ ਜਾਂਦੇ ਹਨ ॥੨॥
43392	1015	ਮਾਮੇ ਤੈ ਮਾਮਾਣੀਆ ਭਾਇਰ ਬਾਪ ਨ ਮਾਉ॥	(ਭਾਇਰ) ਭਰਾ	Maamae Thai Maamaaneeaa Bhaaeir Baap N Maao ||	Uncles, aunts, and cousins of all sorts, cannot remain.	ਮਾਮੇ, ਮਾਮੀਆਂ, ਭਰਾ, ਪਿਉ, ਤੇ ਮਾਂ-(ਕਿਸੇ ਨਾਲ ਭੀ ਸੱਚਾ ਸਾਕ) ਨਹੀਂ ਬਣ ਸਕਦਾ।

43393	1015	ਸਾਥ ਲਡੇ ਤਿਨ ਨਾਠੀਆ ਭੀੜ ਘਣੀ ਦਰੀਆਉ॥੩॥	ਲਡੇ: ਪੋਲਾ ਬੋਲੋ, ਦਰੀ–ਆਉ	Saathh Laddae Thin Naatheeaa Bheerr Ghanee Dhareeaao ||3||	The caravans are full, and great crowds of them are loading up at the riverbank. ||3||	(ਇਹ ਭੀ ਪਰਾਹੁਣਿਆਂ ਵਾਂਗ ਹਨ) ਇਹਨਾਂ ਪਰਾਹੁਣਿਆਂ ਦੇ ਕਾਫ਼ਲੇ ਦੇ ਕਾਫ਼ਲੇ ਲੱਦੇ ਚਲੇ ਜਾ ਰਹੇ ਹਨ। ਸੰਸਾਰ-ਦਰੀਆ ਦੇ ਪੱਤਣ ਉਤੇ ਇਹਨਾਂ ਦੀ ਭੀੜ ਲੱਗੀ ਪਈ ਹੈ ॥੩॥
43394	1015	ਸਾਚਉ ਰੰਗਿ ਰੰਗਾਵਲੋ ਸਖੀ ਹਮਾਰੋ ਕੰਤੁ॥		Saacho Rang Rangaavalo Sakhee Hamaaro Kanth ||	O sister-friends, my Husband Lord is dyed in the color of Truth.	ਹੇ ਸਹੇਲੀਹੋ! ਸਾਡਾ ਖਸਮ-ਪ੍ਰਭੂ ਹੀ ਸਦਾ-ਥਿਰ ਰਹਿਣ ਵਾਲਾ ਹੈ ਤੇ ਉਹ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ।
43395	1015	ਸਚਿ ਵਿਛੋੜਾ ਨਾ ਥੀਐ ਸੋ ਸਹੁ ਰੰਗਿ ਰਵੰਤੁ॥੪॥		Sach Vishhorraa Naa Thheeai So Sahu Rang Ravanth ||4||	She who lovingly remembers her True Husband Lord is not separated from Him again. ||4||	ਉਸ ਸਦਾ-ਥਿਰ ਦੇ ਨਾਮ ਵਿਚ ਜੁੜਿਆਂ ਉਸ ਨਾਲੋਂ ਵਿਛੋੜਾ ਨਹੀਂ ਹੁੰਦਾ। (ਚਰਨਾਂ ਵਿਚ ਜੁੜੀ ਜੀਵ-ਇਸਤ੍ਰੀ ਨੂੰ) ਉਹ ਖਸਮ ਪਿਆਰ ਨਾਲ ਗਲੇ ਲਾਈ ਰੱਖਦਾ ਹੈ ॥੪॥
43396	1015	ਸਭੇ ਰੁਤੀ ਚੰਗੀਆ ਜਿਤੁ ਸਚੇ ਸਿਉ ਨੇਹੁ॥		Sabhae Ruthee Changeeaa Jith Sachae Sio Naehu ||	All the seasons are good, in which the soul-bride falls in love with the True Lord.	ਜੀਵ-ਇਸਤ੍ਰੀ ਨੂੰ ਉਹ ਸਾਰੀਆਂ ਹੀ ਰੁੱਤਾਂ ਚੰਗੀਆਂ ਲੱਗਦੀਆਂ ਹਨ ਜਿਸ ਜਿਸ ਰੁੱਤ ਵਿਚ ਸਦਾ-ਥਿਰ ਪ੍ਰਭੂ-ਪਤੀ ਨਾਲ ਉਸ ਜੀਵ-ਇਸਤ੍ਰੀ ਦਾ ਪਿਆਰ ਬਣਦਾ ਹੈ,
43397	1015	ਸਾ ਧਨ ਕੰਤੁ ਪਛਾਣਿਆ ਸੁਖਿ ਸੁਤੀ ਨਿਸਿ ਡੇਹੁ॥੫॥		Saa Dhhan Kanth Pashhaaniaa Sukh Suthee Nis Ddaehu ||5||	That soul-bride, who knows her Husband Lord, sleeps in peace, night and day. ||5||	ਜੇਹੜੀ ਜੀਵ-ਇਸਤ੍ਰੀ ਖਸਮ-ਪ੍ਰਭੂ (ਦੇ ਸਾਕ) ਨੂੰ ਪਛਾਣ ਲੈਂਦੀ ਹੈ (ਕਿਉਂਕਿ) ਉਹ ਜੀਵ-ਇਸਤ੍ਰੀ ਦਿਨ ਰਾਤ ਪੂਰਨ ਆਨੰਦ ਵਿਚ ਸ਼ਾਂਤ-ਚਿੱਤ ਰਹਿੰਦੀ ਹੈ ॥੫॥

43398	1015	ਪਤਣਿ ਕੂਕੇ ਪਾਤਣੀ ਵੰਞਹੁ ਧ੍ਰੁਕਿ ਵਿਲਾੜਿ॥	ਪੂਰਨ ਗੁਰੂ ਜੀ (ਪੱਤਣੀ) ਮਲਾਹ। (ਪੱਤਣਿ) ਸਤਸੰਗਤਿ। (ਵੰਞਹੁ)ਲੰਘੋ। (ਧ੍ਰੁਕਿ) ਸ਼ੀਘਰ। (ਵਿਲਾੜਿ) ਭੱਜ ਕੇ	Pathan Kookae Paathanee Vannjahu Dhhraak Vilaarr ||	At the ferry, the ferryman announces, ""O travellers, hurry up and cross over.""	(ਸੰਸਾਰ-ਦਰੀਆ ਦੇ) ਪੱਤਣ ਉਤੇ (ਖਲੋਤਾ) ਗੁਰੂ-ਮਲਾਹ (ਜੀਵ-ਰਾਹੀਆਂ ਨੂੰ) ਪੁਕਾਰ ਕੇ ਕਹਿ ਰਿਹਾ ਹੈ ਕਿ (ਪ੍ਰਭੂ-ਨਾਮ ਦੇ ਜਹਾਜ਼ ਵਿਚ ਚੜ੍ਹੋ ਤੇ) ਦੌੜ ਕੇ ਛਾਲ ਮਾਰ ਕੇ ਪਾਰ ਲੰਘ ਜਾਵੋ।
43399	1015	ਪਾਰਿ ਪਵੰਦੜੇ ਡਿਠੁ ਮੈ ਸਤਿਗੁਰ ਬੋਹਿਥਿ ਚਾੜਿ॥੬॥	ਚਾੜ੍ਹਿ	Paar Pavandharrae Ddith Mai Sathigur Bohithh Chaarr ||6||	I have seen them crossing over there, on the boat of the True Guru. ||6||	ਸਤਿਗੁਰੂ ਦੇ ਜਹਾਜ਼ ਵਿਚ ਚੜ੍ਹ ਕੇ (ਸੰਸਾਰ-ਦਰੀਆ ਤੋਂ) ਪਾਰ ਅੱਪੜੇ ਹੋਏ (ਅਨੇਕਾਂ ਹੀ ਪ੍ਰਾਣੀ) ਮੈਂ (ਆਪ) ਵੇਖੇ ਹਨ ॥੬॥
43400	1015	ਹਿਕਨੀ ਲਦਿਆ ਹਿਕਿ ਲਦਿ ਗਏ ਹਿਕਿ ਭਾਰੇ ਭਰਨਾਲਿ॥	(ਭਰਨਾਲਿ) ਸਮੁੰਦ੍ਰ ਚ ਡੁੱਬਦੇ ਹਨ। ਹਿੱਕਨੀ। ਲੱਦਿਆ। ਹਿੱਕਿ। ਲੱਦਿ	Hikanee Ladhiaa Hik Ladh Geae Hik Bhaarae Bhar Naal ||	Some are getting on board, and some have already set out; some are weighed down with their loads.	(ਸਤਿਗੁਰੂ ਦਾ ਹੋਕਾ ਸੁਣ ਕੇ) ਅਨੇਕਾਂ ਜੀਵਾਂ ਨੇ (ਸੰਸਾਰ-ਦਰੀਆ ਤੋਂ ਪਾਰ ਲੰਘਣ ਲਈ ਪ੍ਰਭੂ-ਨਾਮ ਦਾ ਵੱਖਰ ਗੁਰੂ ਦੇ ਜਹਾਜ਼ ਵਿਚ) ਲੱਦ ਲਿਆ ਹੈ, ਅਨੇਕਾਂ ਹੀ ਲੱਦ ਕੇ ਪਾਰ ਪਹੁੰਚ ਗਏ ਹਨ, ਪਰ ਅਨੇਕਾਂ ਹੀ (ਐਸੇ ਭੀ ਮੰਦਭਾਗੀ ਹਨ ਜਿਨ੍ਹਾਂ ਗੁਰੂ ਦੀ ਪੁਕਾਰ ਦੀ ਪਰਵਾਹ ਨਹੀਂ ਕੀਤੀ, ਤੇ ਉਹ ਵਿਕਾਰਾਂ ਦੇ ਭਾਰ ਨਾਲ) ਭਾਰੇ ਹੋ ਕੇ ਸੰਸਾਰ-ਸਮੁੰਦਰ ਦੇ ਵਿਚ (ਡੁੱਬ ਗਏ ਹਨ)।

43401	1015	ਜਿਨੀ ਸਚੁ ਵਣੰਜਿਆ ਸੇ ਸਚੇ ਪ੍ਰਭ ਨਾਲਿ॥੭॥		Jinee Sach Vananjiaa Sae Sachae Prabh Naal ||7||	Those who deal in Truth, remain with their True Lord God. ||7||	ਜਿਨ੍ਹਾਂ ਨੇ (ਗੁਰੂ ਦਾ ਉਪਦੇਸ਼ ਸੁਣ ਕੇ) ਸਦਾ-ਥਿਰ ਰਹਿਣ ਵਾਲਾ ਨਾਮ-ਵੱਖਰ ਖ਼ਰੀਦਿਆ ਹੈ ਉਹ (ਸਦਾ-ਥਿਰ ਪ੍ਰਭੂ ਦੇ) ਚਰਨਾਂ ਵਿਚ ਲੀਨ ਹੋ ਗਏ ਹਨ ॥੭॥
43402	1015	ਨਾ ਹਮ ਚੰਗੇ ਆਖੀਅਹ ਬੁਰਾ ਨ ਦਿਸੈ ਕੋਇ॥	ਆਖੀ-ਅਹ	Naa Ham Changae Aakheeah Buraa N Dhisai Koe ||	I am not called good, and I see none who are bad.	(ਜਿਨ੍ਹਾਂ ਨੇ ਗੁਰੂ ਦੀ ਸਰਨ ਪੈ ਕੇ ਹਉਮੈ ਦੂਰ ਕੀਤੀ ਉਹ ਭਾਗਾਂ ਵਾਲੇ ਬੰਦੇ ਇਹ ਨਿਸ਼ਚਾ ਰੱਖਦੇ ਹਨ ਕਿ) ਅਸੀਂ (ਸਭ ਤੋਂ) ਚੰਗੇ ਨਹੀਂ ਆਖੇ ਜਾ ਸਕਦੇ, ਤੇ ਸਾਥੋਂ ਭੈੜਾ ਕੋਈ ਮਨੁੱਖ (ਜਗਤ ਵਿਚ) ਨਹੀਂ ਦਿੱਸਦਾ।
43403	1015	ਨਾਨਕ ਹਉਮੈ ਮਾਰੀਐ ਸਚੇ ਜੇਹੜਾ ਸੋਇ॥੮॥੨॥੧੦॥		Naanak Houmai Maareeai Sachae Jaeharraa Soe ||8||2||10||	O Nanak, one who conquers and subdues his ego, becomes just like the True Lord. ||8||2||10||	ਹੇ ਨਾਨਕ! (ਪ੍ਰਭੂ-ਚਰਨਾਂ ਵਿਚ ਇਕ-ਮਿਕ ਹੋਣ ਵਾਸਤੇ) ਹਉਮੈ ਦੂਰ ਕਰਨੀ ਚਾਹੀਦੀ ਹੈ (ਜਿਸ ਮਨੁੱਖ ਨੇ ਹਉਮੈ ਦੂਰ ਕੀਤੀ) ਉਹ ਸਦਾ-ਥਿਰ ਪ੍ਰਭੂ ਵਰਗਾ ਹੀ ਬਣ ਗਿਆ ॥੮॥੨॥੧੦॥
43404	1015	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
43405	1015	ਨਾ ਜਾਣਾ ਮੂਰਖੁ ਹੈ ਕੋਈ ਨਾ ਜਾਣਾ ਸਿਆਣਾ॥		Naa Jaanaa Moorakh Hai Koee Naa Jaanaa Siaanaa ||	I do not believe that anyone is foolish; I do not believe that anyone is clever.	ਮੈਂ ਨਹੀਂ ਸਮਝ ਸਕਦਾ ਕਿ ਜੇਹੜਾ (ਬੰਦਾ ਪਰਮਾਤਮਾ ਦਾ ਨਾਮ ਸਿਮਰਦਾ ਹੈ) ਉਹ ਮੂਰਖ (ਕਿਵੇਂ) ਹੈ, ਤੇ ਜੇਹੜਾ ਮਨੁੱਖ ਨਾਮ ਨਹੀਂ ਸਿਮਰਦਾ ਉਹ ਸਿਆਣਾ ਕਿਵੇਂ ਹੈ।

43406	1015	ਸਦਾ ਸਾਹਿਬ ਕੈ ਰੰਗੇ ਰਾਤਾ ਅਨ ਦਿਨੁ ਨਾਮੁ ਵਖਾਣਾ॥੧॥		Sadhaa Saahib Kai Rangae Raathaa Anadhin Naam Vakhaanaa ||1||	Imbued forever with the Love of my Lord and Master, I chant His Name, night and day. ||1||	(ਅਸਲ ਸਿਆਣਪ ਨਾਮ ਸਿਮਰਨ ਵਿਚ ਹੈ, ਇਸ ਵਾਸਤੇ) ਮੈਂ ਹਰ ਵੇਲੇ ਪ੍ਰਭੂ ਦਾ ਨਾਮ ਸਿਮਰਦਾ ਹਾਂ ਤੇ ਸਦਾ ਮਾਲਕ-ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹਾਂ ॥੧॥
43407	1015	ਬਾਬਾ ਮੂਰਖੁ ਹਾ ਨਾਵੈ ਬਲਿ ਜਾਉ॥		Baabaa Moorakh Haa Naavai Bal Jaao ||	O Baba, I am so foolish, but I am a sacrifice to the Name.	ਹੇ ਪ੍ਰਭੂ! ਮੈਂ ਤੇਰੇ ਨਾਮ ਤੋਂ ਸਦਕੇ ਜਾਂਦਾ ਹਾਂ। (ਤੇਰੇ ਨਾਮ ਤੋਂ ਖੁੰਝ ਕੇ) ਮੈਂ ਮੱਤ-ਹੀਨ ਰਹਿੰਦਾ ਹਾਂ,
43408	1015	ਤੂ ਕਰਤਾ ਤੂ ਦਾਨਾ ਬੀਨਾ ਤੇਰੈ ਨਾਮਿ ਤਰਾਉ॥੧॥ਰਹਾਉ॥		Thoo Karathaa Thoo Dhaanaa Beenaa Thaerai Naam Tharaao ||1|| Rehaao ||	You are the Creator, You are wise and all-seeing. Through Your Name, we are carried across. ||1||Pause||	(ਕਿਉਂਕਿ ਮੈਨੂੰ ਇਹ ਸਮਝ ਨਹੀਂ ਹੁੰਦੀ ਕਿ ਇਸ ਸੰਸਾਰ-ਸਮੁੰਦਰ ਤੋਂ) ਮੈਂ ਤੇਰੇ ਨਾਮ ਵਿਚ ਜੁੜ ਕੇ ਹੀ ਪਾਰ ਲੰਘ ਸਕਦਾ ਹਾਂ। (ਤੇਰੇ ਨਾਮ ਦੀ ਬਰਕਤਿ ਨਾਲ ਹੀ ਮੈਨੂੰ ਸਮਝ ਆਉਂਦੀ ਹੈ ਕਿ) ਤੂੰ ਸਾਡਾ ਸਿਰਜਨਹਾਰ ਹੈਂ, ਤੂੰ ਸਾਡੇ ਦਿਲ ਦੀ ਜਾਣਦਾ ਹੈਂ, ਤੂੰ ਸਾਡੇ ਕੰਮਾਂ ਨੂੰ ਹਰ ਵੇਲੇ ਵੇਖਦਾ ਹੈਂ ॥੧॥ ਰਹਾਉ ॥
43409	1015	ਮੂਰਖੁ ਸਿਆਣਾ ਏਕੁ ਹੈ ਏਕ ਜੋਤਿ ਦੁਇ ਨਾਉ॥		Moorakh Siaanaa Eaek Hai Eaek Joth Dhue Naao ||	The same person is foolish and wise; the same light within has two names.	ਪਰ ਚਾਹੇ ਕੋਈ ਮੂਰਖ ਹੈ ਚਾਹੇ ਕੋਈ ਸਿਆਣਾ ਹੈ (ਹਰੇਕ ਵਿਚ) ਇਕੋ ਪਰਮਾਤਮਾ ਹੀ ਵੱਸਦਾ ਹੈ। ਮੂਰਖ ਤੇ ਸਿਆਣਾ ਦੋ ਵਖ ਵਖ ਨਾਮ ਹਨ ਜੋਤਿ ਦੋਹਾਂ ਵਿਚ ਇਕੋ ਹੀ ਹੈ।

43410	1015	ਮੂਰਖਾ ਸਿਰਿ ਮੂਰਖੁ ਹੈ ਜਿ ਮੰਨੇ ਨਾਹੀ ਨਾਉ॥੨॥		Moorakhaa Sir Moorakh Hai J Mannae Naahee Naao ||2||	The most foolish of the foolish are those who do not believe in the Name. ||2||	ਜੇਹੜਾ ਆਦਮੀ ਪਰਮਾਤਮਾ ਦਾ ਨਾਮ ਸਿਮਰਨਾ ਨਹੀਂ ਕਬੂਲਦਾ, ਉਹ ਮਹਾ ਮੂਰਖ ਹੈ ॥੨॥
43411	1015	ਗੁਰ ਦੁਆਰੈ ਨਾਉ ਪਾਈਐ ਬਿਨੁ ਸਤਿਗੁਰ ਪਲੈ ਨ ਪਾਇ॥		Gur Dhuaarai Naao Paaeeai Bin Sathigur Palai N Paae ||	Through the Guru's Gate, the Gurdwara, the Name is obtained. Without the True Guru, it is not received.	ਪਰਮਾਤਮਾ ਦਾ ਨਾਮ ਗੁਰੂ ਦੇ ਦਰ ਤੋਂ ਮਿਲਦਾ ਹੈ, ਗੁਰੂ ਦੀ ਸਰਨ ਤੋਂ ਬਿਨਾ ਪ੍ਰਭੂ-ਨਾਮ ਦੀ ਪ੍ਰਾਪਤੀ ਨਹੀਂ ਹੋ ਸਕਦੀ।
43412	1015	ਸਤਿਗੁਰ ਕੈ ਭਾਣੈ ਮਨਿ ਵਸੈ ਤਾ ਅਹਿ ਨਿਸਿ ਰਹੈ ਲਿਵ ਲਾਇ॥੩॥		Sathigur Kai Bhaanai Man Vasai Thaa Ahinis Rehai Liv Laae ||3||	Through the Pleasure of the True Guru's Will, the Name comes to dwell in the mind, and then, night and day, one remains lovingly absorbed in the Lord. ||3||	ਜੇ ਗੁਰੂ ਦੇ ਹੁਕਮ ਵਿਚ ਤੁਰ ਕੇ ਮਨੁੱਖ ਦੇ ਮਨ ਵਿਚ ਨਾਮ ਵੱਸ ਪਏ, ਤਾਂ ਉਹ ਦਿਨ ਰਾਤ ਨਾਮ ਵਿਚ ਸੁਰਤ ਜੋੜੀ ਰੱਖਦਾ ਹੈ ॥੩॥
43413	1015	ਰਾਜੰ ਰੰਗੰ ਰੂਪੰ ਮਾਲੰ ਜੋਬਨੁ ਤੇ ਜੂਆਰੀ॥		Raajan Rangan Roopan Maalan Joban Thae Jooaaree ||	In power, pleasures, beauty, wealth and youth, one gambles his life away.	ਜੇਹੜੇ ਬੰਦੇ ਰਾਜ, ਰੰਗ-ਤਮਾਸ਼ੇ, ਰੂਪ, ਮਾਲ-ਧਨ ਤੇ ਜਵਾਨੀ-ਸਿਰਫ਼ ਇਹੀ ਵਿਹਾਝਦੇ ਰਹਿੰਦੇ ਹਨ ਉਹਨਾਂ ਨੂੰ ਜੁਆਰੀਏ ਸਮਝੋ।

43414	1015	ਹੁਕਮੀ ਬਾਧੇ ਪਾਸੈ ਖੇਲਹਿ ਚਉਪੜਿ ਏਕਾ ਸਾਰੀ॥੪॥		Hukamee Baadhhae Paasai Khaelehi Chouparr Eaekaa Saaree ||4||	Bound by the Hukam of God's Command, the dice are thrown; he is just a piece in the game of chess. ||4||	(ਪਰ ਉਹਨਾਂ ਦੇ ਭੀ ਕੀਹ ਵੱਸ?) ਪ੍ਰਭੂ ਦੇ ਹੁਕਮ ਵਿਚ ਬੱਝੇ ਹੋਏ ਉਹ (ਮਾਇਕ ਪਦਾਰਥਾਂ ਦੀ) ਚਉਪੜ ਖੇਡ ਖੇਡਦੇ ਰਹਿੰਦੇ ਹਨ, ਇਕੋ ਮਾਇਆ ਦੀ ਤ੍ਰਿਸ਼ਨਾ ਹੀ ਉਹਨਾਂ ਦੀ ਨਰਦ ਹੈ ॥੪॥
43415	1015	ਜਗਿ ਚਤੁਰੁ ਸਿਆਣਾ ਭਰਮਿ ਭੁਲਾਣਾ ਨਾਉ ਪੰਡਿਤ ਪੜਹਿ ਗਾਵਾਰੀ॥		Jag Chathur Siaanaa Bharam Bhulaanaa Naao Panddith Parrehi Gaavaaree ||	The world is clever and wise, but it is deluded by doubt, and forgets the Name; the Pandit, the religious scholar, studies the scriptures, but he is still a fool.	ਜੇਹੜਾ ਬੰਦਾ ਮਾਇਆ ਦੀ ਭਟਕਣਾ ਵਿਚ ਪੈ ਕੇ ਜੀਵਨ-ਰਾਹ ਤੋਂ ਖੁੰਝਿਆ ਜਾ ਰਿਹਾ ਹੈ ਉਹੀ ਜਗਤ ਵਿਚ ਚਾਤੁਰ ਤੇ ਸਿਆਣਾ ਮੰਨਿਆ ਜਾਂਦਾ ਹੈ; ਪੜ੍ਹਦੇ ਹਨ (ਮਾਇਆ ਕਮਾਣ ਵਾਲੀ) ਮੂਰਖਾਂ ਦੀ ਵਿੱਦਿਆ, ਪਰ ਆਪਣਾ ਨਾਮ ਸਦਾਂਦੇ ਹਨ 'ਪੰਡਿਤ'।
43416	1015	ਨਾਉ ਵਿਸਾਰਹਿ ਬੇਦੁ ਸਮਾਲਹਿ ਬਿਖੁ ਭੂਲੇ ਲੇਖਾਰੀ॥੫॥		Naao Visaarehi Baedh Samaalehi Bikh Bhoolae Laekhaaree ||5||	Forgetting the Name, he dwells upon the Vedas; he writes, but he is confused by his poisonous corruption. ||5||	(ਇਹ ਪੰਡਿਤ) ਪਰਮਾਤਮਾ ਦਾ ਨਾਮ ਭੁਲਾ ਦੇਂਦੇ ਹਨ; ਤੇ ਆਪਣੇ ਵਲੋਂ ਵੇਦ (ਆਦਿਕ ਧਰਮ ਪੁਸਤਕਾਂ) ਨੂੰ ਸੰਭਾਲ ਰਹੇ ਹਨ, ਇਹ ਵਿਦਵਾਨ ਆਤਮਕ ਜੀਵਨ ਦੀ ਮੌਤ ਲਿਆਉਣ ਵਾਲੀ ਮਾਇਆ ਦੇ ਜ਼ਹਿਰ ਵਿਚ ਭੁੱਲੇ ਪਏ ਹਨ ॥੫॥

43417	1016	ਕਲਰ ਖੇਤੀ ਤਰਵਰ ਕੰਠੇ ਬਾਗਾ ਪਹਿਰਹਿ ਕਜਲੁ ਝਰੈ॥	ਕੱਲਰ, ਬੱਾਗਾ, ਕੱਜਲੁ	Kalar Khaethee Tharavar Kanthae Baagaa Pehirehi Kajal Jharai ||	He is like the crop planted in the salty soil, or the tree growing on the river bank, or the white clothes sprinkled with dirt.	ਕੱਲਰ ਵਿਚ ਖੇਤੀ ਬੀਜ ਕੇ ਫ਼ਸਲ ਦੀ ਆਸ ਵਿਅਰਥ ਹੈ, ਦਰਿਆ ਕੰਢੇ ਉੱਗੇ ਹੋਏ ਰੁੱਖਾਂ ਨੂੰ ਆਸਰਾ ਬਨਾਣਾ ਭੁੱਲ ਹੈ, ਜਿਥੇ ਕਾਲਖ ਉਡ ਉਡ ਕੇ ਪੈਂਦੀ ਹੋਵੇ ਉਥੇ ਜੇਹੜੇ ਬੰਦੇ ਚਿੱਟੇ ਕੱਪੜੇ ਪਹਿਨਦੇ ਹਨ (ਤੇ ਉਹਨਾਂ ਉਤੇ ਕਾਲਖ ਨਾਹ ਲੱਗਣ ਦੀ ਆਸ ਰੱਖਦੇ ਹਨ ਉਹ ਭੁੱਲੇ ਹੋਏ ਹਨ)।
43418	1016	ਏਹੁ ਸੰਸਾਰੁ ਤਿਸੈ ਕੀ ਕੋਠੀ ਜੋ ਪੈਸੈ ਸੋ ਗਰਬਿ ਜਰੈ॥੬॥	ਪੈੱਸੈ	Eaehu Sansaar Thisai Kee Kothee Jo Paisai So Garab Jarai ||6||	This world is the house of desire; whoever enters it, is burnt down by egotistical pride. ||6||	(ਇਸ ਤਰ੍ਹਾਂ) ਇਹ ਜਗਤ ਤ੍ਰਿਸ਼ਨਾ ਦੀ ਕੋਠੀ ਹੈ ਇਸ ਵਿਚ ਜੇਹੜਾ ਫਸ ਜਾਂਦਾ ਹੈ (ਉਹ ਨਿਕਲ ਨਹੀਂ ਸਕਦਾ) ਉਹ ਅਹੰਕਾਰ ਵਿਚ (ਗ਼ਰਕ ਹੁੰਦਾ ਹੈ, ਉਸ ਦਾ ਆਤਮਕ ਜੀਵਨ ਤ੍ਰਿਸ਼ਨਾ-ਅੱਗ ਵਿਚ) ਸੜ ਜਾਂਦਾ ਹੈ ॥੬॥
43419	1016	ਰਯਤਿ ਰਾਜੇ ਕਹਾ ਸਬਾਏ ਦੁਹੁ ਅੰਤਰਿ ਸੋ ਜਾਸੀ॥	ਰਯ-ਤਿ: ਪਰਜਾ ਯ ਤਾਲੂ ਤੋਂ ਬੋਲੋ	Rayath Raajae Kehaa Sabaaeae Dhuhu Anthar So Jaasee ||	Where are all the kings and their subjects? Those who are immersed in duality are destroyed.	ਰਾਜੇ ਤੇ (ਰਾਜਿਆਂ ਦੀ) ਪਰਜਾ-ਇਹ ਸਭ ਕਿੱਥੇ ਹਨ? (ਸਭ ਆਪੋ ਆਪਣੀ ਵਾਰੀ ਕੂਚ ਕਰ ਜਾਂਦੇ ਹਨ)। ਇਸ ਦੁਨੀਆ ਵਿਚ ਜੋ ਜੰਮਦਾ ਹੈ ਉਹ ਅੰਤ ਇਥੋਂ ਚਲਾ ਜਾਂਦਾ ਹੈ) ਪਰ ਮਾਇਆ ਦੀ ਤ੍ਰਿਸ਼ਨਾ ਵਿਚ ਫਸ ਕੇ ਜਨਮ ਮਰਨ ਦਾ ਗੇੜ ਭੀ ਸਹੇੜ ਲੈਂਦਾ ਹੈ)।

43420	1016	ਕਹਤ ਨਾਨਕੁ ਗੁਰ ਸਚੇ ਕੀ ਪਉੜੀ ਰਹਸੀ ਅਲਖੁ ਨਿਵਾਸੀ॥੭॥੩॥੧੧॥	ਰਹ-ਸੀ, ਅ-ਲਖੁ: ਪੋਲੇ ਬੋਲੋ	Kehath Naanak Gur Sachae Kee Pourree Rehasee Alakh Nivaasee ||7||3||11||	Says Nanak, these are the steps of the ladder, of the Teachings of the True Guru; only the Unseen Lord shall remain. ||7||3||11||	ਨਾਨਕ ਆਖਦਾ ਹੈ ਕਿ ਜੇਹੜਾ ਮਨੁੱਖ ਅਭੁੱਲ ਗੁਰੂ ਦੀ ਪਉੜੀ ਦਾ ਆਸਰਾ ਲੈਂਦਾ ਹੈ (ਭਾਵ, ਜੋ ਨਾਮ ਸਿਮਰਦਾ ਹੈ, ਤੇ ਸਿਮਰਨ ਦੀ ਪਉੜੀ ਦੀ ਰਾਹੀਂ) ਅਲੱਖ ਪ੍ਰਭੂ ਦੇ ਚਰਨਾਂ ਵਿਚ ਸੁਰਤ ਜੋੜੀ ਰੱਖਦਾ ਹੈ ਉਹ ਅਟੱਲ ਆਤਮਕ ਜੀਵਨ ਵਾਲਾ ਬਣ ਜਾਂਦਾ ਹੈ ॥੭॥੩॥੧੧॥
43421	1016	ਮਾਰੂ ਮਹਲਾ ੩ ਘਰੁ ੫ ਅਸਟਪਦੀ	ਅਸਟਪਦੀ: ਸ ਪੈਰ ਬਿੰਦੀ ਨ ਲਾਉ	Maaroo Mehalaa 3 Ghar 5 Asattapadhee	Maaroo, Third Mehl, Fifth House, Ashtapadees:	ਰਾਗ ਮਾਰੂ, ਘਰ ੫ ਵਿੱਚ ਗੁਰੂ ਅਮਰਦਾਸ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
43422	1016	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
43423	1016	ਜਿਸ ਨੋ ਪ੍ਰੇਮੁ ਮੰਨਿ ਵਸਾਏ॥		Jis No Praem Mann Vasaaeae ||	One whose mind is filled with the Lord's Love	(ਪਰਮਾਤਮਾ) ਜਿਸ ਮਨੁੱਖ ਦੇ ਮਨ ਵਿਚ (ਆਪਣਾ) ਪਿਆਰ ਵਸਾਂਦਾ ਹੈ,
43424	1016	ਸਾਚੈ ਸਬਦਿ ਸਹਜਿ ਸੁਭਾਏ॥		Saachai Sabadh Sehaj Subhaaeae ||	Is intuitively exalted by the True Word of the Shabad.	ਉਹ ਮਨੁੱਖ ਪ੍ਰਭੂ ਦੀ ਸਦਾ-ਥਿਰ ਸਿਫ਼ਤ-ਸਾਲਾਹ ਦੀ ਬਾਣੀ ਵਿਚ (ਜੁੜਿਆ ਰਹਿੰਦਾ ਹੈ), ਆਤਮਕ ਅਡੋਲਤਾ ਵਿਚ (ਟਿਕਿਆ ਰਹਿੰਦਾ ਹੈ) ਪ੍ਰਭੂ-ਪਿਆਰ ਵਿਚ (ਲੀਨ ਰਹਿੰਦਾ ਹੈ) (ਪ੍ਰੇਮ ਦੀ ਚੋਭ ਦਾ ਇਹੀ ਇਲਾਜ ਹੈ)।

43425	1016	ਏਹਾ ਵੇਦਨ ਸੋਈ ਜਾਣੈ ਅਵਰੁ ਕਿ ਜਾਣੈ ਕਾਰੀ ਜੀਉ॥੧॥		Eaehaa Vaedhan Soee Jaanai Avar K Jaanai Kaaree Jeeo ||1||	He alone knows the pain of this love; what does anyone else know about its cure? ||1||	ਉਹੀ ਮਨੁੱਖ ਇਸ ਚੋਭ ਨੂੰ ਸਮਝਦਾ ਹੈ, ਕੋਈ ਹੋਰ ਮਨੁੱਖ (ਜਿਸ ਦੇ ਅੰਦਰ ਇਹ ਚੋਭ ਨਹੀਂ ਹੈ, ਇਸ ਚੋਭ ਦਾ) ਇਲਾਜ ਨਹੀਂ ਜਾਣਦਾ ॥੧॥
43426	1016	ਆਪੇ ਮੇਲੇ ਆਪਿ ਮਿਲਾਏ॥		Aapae Maelae Aap Milaaeae ||	He Himself unites in His Union.	ਪਰਮਾਤਮਾ ਆਪ (ਜੀਵ ਨੂੰ ਆਪਣੇ ਚਰਨਾਂ ਨਾਲ) ਜੋੜਦਾ ਹੈ, ਆਪ ਹੀ ਮਿਲਾਂਦਾ ਹੈ।
43427	1016	ਆਪਣਾ ਪਿਆਰੁ ਆਪੇ ਲਾਏ॥		Aapanaa Piaar Aapae Laaeae ||	He Himself inspires us with His Love.	(ਜੀਵ ਦੇ ਹਿਰਦੇ ਵਿਚ) ਆਪਣਾ ਪਿਆਰ ਪਰਮਾਤਮਾ ਆਪ ਹੀ ਪੈਦਾ ਕਰਦਾ ਹੈ।
43428	1016	ਪ੍ਰੇਮ ਕੀ ਸਾਰ ਸੋਈ ਜਾਣੈ ਜਿਸ ਨੋ ਨਦਰਿ ਤੁਮਾਰੀ ਜੀਉ॥੧॥ਰਹਾਉ॥		Praem Kee Saar Soee Jaanai Jis No Nadhar Thumaaree Jeeo ||1|| Rehaao ||	He alone appreciates the value of Your Love, upon whom You shower Your Grace, O Lord. ||1||Pause||	ਹੇ ਪ੍ਰਭੂ! (ਤੇਰੇ) ਪਿਆਰ ਦੀ ਕਦਰ (ਭੀ) ਉਹੀ ਜੀਵ ਜਾਣ ਸਕਦਾ ਹੈ, ਜਿਸ ਉਤੇ ਤੇਰੀ ਮਿਹਰ ਦੀ ਨਿਗਾਹ ਹੁੰਦੀ ਹੈ ॥੧॥ ਰਹਾਉ ॥
43429	1016	ਦਿਬ ਦ੍ਰਿਸਟਿ ਜਾਗੈ ਭਰਮੁ ਚੁਕਾਏ॥		Dhib Dhrisatt Jaagai Bharam Chukaaeae ||	One whose spiritual vision is awakened - his doubt is driven out.	(ਜਿਸ ਮਨੁੱਖ ਦੇ ਮਨ ਵਿਚ ਪ੍ਰਭੂ ਆਪਣਾ ਪਿਆਰ ਵਸਾਂਦਾ ਹੈ ਉਸ ਦੇ ਅੰਦਰ) ਆਤਮਕ ਜੀਵਨ ਦਾ ਚਾਨਣ ਦੇਣ ਵਾਲੀ ਨਿਗਾਹ ਜਾਗ ਪੈਂਦੀ ਹੈ (ਅਤੇ ਉਹ ਨਿਗਾਹ ਉਸ ਦੀ) ਭਟਕਣਾ ਦੂਰ ਕਰ ਦੇਂਦੀ ਹੈ।
43430	1016	ਗੁਰ ਪਰਸਾਦਿ ਪਰਮਪਦੁ ਪਾਏ॥		Gur Parasaadh Param Padh Paaeae ||	By Guru's Grace, he obtains the supreme status.	ਗੁਰੂ ਦੀ ਕਿਰਪਾ ਨਾਲ (ਉਹ ਮਨੁੱਖ) ਸਭ ਤੋਂ ਉੱਚਾ ਆਤਮਕ ਜੀਵਨ ਦਾ ਦਰਜਾ ਪ੍ਰਾਪਤ ਕਰ ਲੈਂਦਾ ਹੈ।

43431	1016	ਸੋ ਜੋਗੀ ਇਹ ਜੁਗਤਿ ਪਛਾਣੈ ਗੁਰ ਕੈ ਸਬਦਿ ਬੀਚਾਰੀ ਜੀਉ॥੨॥		So Jogee Eih Jugath Pashhaanai Gur Kai Sabadh Beechaaree Jeeo ||2||	He alone is a Yogi, who understands this way, and contemplates the Word of the Guru's Shabad. ||2||	(ਜਿਹੜਾ ਮਨੁੱਖ) ਇਸ ਜੁਗਤਿ ਨੂੰ ਸਮਝ ਲੈਂਦਾ ਹੈ ਉਹ (ਸਹੀ ਅਰਥਾਂ ਵਿਚ) ਜੋਗੀ ਹੈ; ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਉੱਚੇ ਜੀਵਨ ਦੀ ਸੂਝ ਵਾਲਾ ਹੋ ਜਾਂਦਾ ਹੈ ॥੨॥
43432	1016	ਸੰਜੋਗੀ ਧਨ ਪਿਰ ਮੇਲਾ ਹੋਵੈ॥		Sanjogee Dhhan Pir Maelaa Hovai ||	By good destiny, the soul-bride is united with her Husband Lord.	ਚੰਗੇ ਭਾਗਾਂ ਨਾਲ ਜਿਸ ਜੀਵ-ਇਸਤ੍ਰੀ ਦਾ ਪ੍ਰਭੂ-ਪਤੀ ਨਾਲ ਮਿਲਾਪ ਹੋ ਜਾਂਦਾ ਹੈ,
43433	1016	ਗੁਰਮਤਿ ਵਿਚਹੁ ਦੁਰਮਤਿ ਖੋਵੈ॥	ਦੁਰ-ਮੱਤਿ	Guramath Vichahu Dhuramath Khovai ||	Following the Guru's Teachings, she eradicates her evil-mindedness from within.	ਉਹ ਗੁਰੂ ਦੀ ਮੱਤ ਉੱਤੇ ਤੁਰ ਕੇ ਆਪਣੇ ਅੰਦਰੋਂ ਖੋਟੀ ਮੱਤ ਨਾਸ ਕਰ ਦੇਂਦੀ ਹੈ,
43434	1016	ਰੰਗ ਸਿਉ ਨਿਤ ਰਲੀਆ ਮਾਣੈ ਅਪਣੇ ਕੰਤ ਪਿਆਰੀ ਜੀਉ॥੩॥		Rang Sio Nith Raleeaa Maanai Apanae Kanth Piaaree Jeeo ||3||	With love, she continually enjoys pleasure with Him; she becomes the beloved of her Husband Lord. ||3||	ਉਹ ਪ੍ਰੇਮ ਦਾ ਸਦਕਾ ਪ੍ਰਭੂ ਪਤੀ ਨਾਲ ਆਤਮਕ ਮਿਲਾਪ ਦਾ ਆਨੰਦ ਮਾਣਦੀ ਹੈ, ਉਹ ਆਪਣੇ ਪ੍ਰਭੂ-ਪਤੀ ਦੀ ਲਾਡਲੀ ਬਣ ਜਾਂਦੀ ਹੈ ॥੩॥
43435	1016	ਸਤਿਗੁਰ ਬਾਝਹੁ ਵੈਦੁ ਨ ਕੋਈ॥		Sathigur Baajhahu Vaidh N Koee ||	Other than the True Guru, there is no physician.	(ਪ੍ਰੇਮ ਦੀ ਚੋਭ ਦਾ ਇਲਾਜ ਕਰਨ ਵਾਲਾ) ਹਕੀਮ ਗੁਰੂ ਤੋਂ ਬਿਨਾ ਹੋਰ ਕੋਈ ਨਹੀਂ ਹੈ।

43436	1016	ਆਪੇ ਆਪਿ ਨਿਰੰਜਨੁ ਸੋਈ॥		Aapae Aap Niranjan Soee ||	He Himself is the Immaculate Lord.	(ਜਿਸ ਦਾ ਇਲਾਜ ਗੁਰੂ ਕਰ ਦੇਂਦਾ ਹੈ, ਉਸ ਨੂੰ ਇਹ ਦਿੱਸ ਪੈਂਦਾ ਹੈ ਕਿ) ਉਹ ਨਿਰਲੇਪ ਪਰਮਾਤਮਾ ਆਪ ਹੀ ਆਪ (ਹਰ ਥਾਂ ਮੌਜੂਦ ਹੈ)।
43437	1016	ਸਤਿਗੁਰ ਮਿਲਿਐ ਮਰੈ ਮੰਦਾ ਹੋਵੈ ਗਿਆਨ ਬੀਚਾਰੀ ਜੀਉ॥੪॥		Sathigur Miliai Marai Mandhaa Hovai Giaan Beechaaree Jeeo ||4||	Meeting with the True Guru, evil is conquered, and spiritual wisdom is contemplated. ||4||	ਜੇ ਗੁਰੂ ਮਿਲ ਪਏ ਤਾਂ (ਮਨੁੱਖ ਦੇ ਅੰਦਰੋਂ) ਭੈੜ ਮਿਟ ਜਾਂਦਾ ਹੈ, ਮਨੁੱਖ ਉੱਚੇ ਆਤਮਕ ਜੀਵਨ ਦੀ ਵਿਚਾਰ ਕਰਨ ਜੋਗਾ ਹੋ ਜਾਂਦਾ ਹੈ ॥੪॥
43438	1016	ਏਹੁ ਸਬਦੁ ਸਾਰੁ ਜਿਸ ਨੋ ਲਾਏ॥		Eaehu Sabadh Saar Jis No Laaeae ||	One who is committed to this most sublime Shabad	ਹੇ ਭਾਈ ! ਗੁਰੂ ਦਾ ਇਹ ਸ੍ਰੇਸ਼ਟ ਸ਼ਬਦ ਜਿਸ ਦੇ ਹਿਰਦੇ ਵਿਚ ਪਰਮਾਤਮਾ ਵਸਾ ਦੇਂਦਾ ਹੈ,
43439	1016	ਗੁਰਮੁਖਿ ਤ੍ਰਿਸਨਾ ਭੁਖ ਗਵਾਏ॥	ਭੁੱਖ	Guramukh Thrisanaa Bhukh Gavaaeae ||	Becomes Gurmukh, and is rid of thirst and hunger.	(ਉਸ ਨੂੰ) ਗੁਰੂ ਦੀ ਸਰਨ ਪਾ ਕੇ (ਉਸ ਦੇ ਅੰਦਰੋਂ) ਮਾਇਆ ਦੀ ਤ੍ਰਿਸ਼ਨਾ ਮਾਇਆ ਦੀ ਭੁੱਖ ਦੂਰ ਕਰ ਦੇਂਦਾ ਹੈ।
43440	1016	ਆਪਣ ਲੀਆ ਕਿਛੂ ਨ ਪਾਈਐ ਕਰਿ ਕਿਰਪਾ ਕਲ ਧਾਰੀ ਜੀਉ॥੫॥		Aapan Leeaa Kishhoo N Paaeeai Kar Kirapaa Kal Dhhaaree Jeeo ||5||	By one's own efforts, nothing can be accomplished; the Lord, in His Mercy, bestows power. ||5||	ਆਪਣੀ ਅਕਲ ਦੇ ਜ਼ੋਰ (ਆਤਮਕ ਜੀਵਨ ਦਾ) ਕੁਝ ਭੀ ਹਾਸਲ ਨਹੀਂ ਕਰ ਸਕੀਦਾ। ਪਰਮਾਤਮਾ ਆਪ ਹੀ ਮਿਹਰ ਕਰ ਕੇ ਇਹ ਸੱਤਾ (ਮਨੁੱਖ ਦੇ ਅੰਦਰ) ਪਾਂਦਾ ਹੈ ॥੫॥

43441	1016	ਅਗਮ ਨਿਗਮੁ ਸਤਿਗੁਰੂ ਦਿਖਾਇਆ॥	ਅਗਮ, ਨਿਗਮੁ: ਪੋਲੇ ਬੋਲੋ	Agam Nigam Sathiguroo Dhikhaaeiaa ||	The True Guru has revealed the essence of the Shaastras and the Vedas.	(ਹੇ ਜੋਗੀ! ਇਹ ਨਿਸ਼ਚਾ ਕਿ (ਆਪਣ... ਧਾਰੀ ਜੀਉ)-ਇਹੀ ਹੈ ਸਾਡੇ ਵਾਸਤੇ 'ਅਗਮ ਨਿਗਮੁ',
43442	1016	ਕਰਿ ਕਿਰਪਾ ਅਪਨੈ ਘਰਿ ਆਇਆ॥		Kar Kirapaa Apanai Ghar Aaeiaa ||	In His Mercy, He has come into the home of my self.	ਪ੍ਰਭੂ ਨੇ ਕਿਰਪਾ ਕਰ ਕੇ ਗੁਰੂ ਦੀ ਰਾਹੀਂ (ਜਿਸ ਮਨੁੱਖ ਨੂੰ ਇਹ) 'ਅਗਮ ਨਿਗਮੁ' ਵਿਖਾ ਦਿੱਤਾ, ਉਹ ਮਨੁੱਖ ਆਪਣੇ ਅਸਲ ਘਰ ਵਿਚ ਆ ਟਿਕਦਾ ਹੈ।
43443	1016	ਅੰਜਨ ਮਾਹਿ ਨਿਰੰਜਨੁ ਜਾਤਾ ਜਿਨ ਕਉ ਨਦਰਿ ਤੁਮਾਰੀ ਜੀਉ॥੬॥		Anjan Maahi Niranjan Jaathaa Jin Ko Nadhar Thumaaree Jeeo ||6||	In the midst of Maya, the Immaculate Lord is known, by those upon whom You bestow Your Grace. ||6||	ਹੇ ਪ੍ਰਭੂ! ਜਿਨ੍ਹਾਂ ਉੱਤੇ ਤੇਰੀ ਮਿਹਰ ਦੀ ਨਿਗਾਹ ਹੁੰਦੀ ਹੈ, ਉਹ ਮਨੁੱਖ ਇਸ ਮਾਇਆ ਦੇ ਪਸਾਰੇ ਵਿਚ ਤੈਨੂੰ ਨਿਰਲੇਪ ਨੂੰ ਵੱਸਦਾ ਪਛਾਣ ਲੈਂਦੇ ਹਨ ॥੬॥
43444	1016	ਗੁਰਮੁਖਿ ਹੋਵੈ ਸੋ ਤਤੁ ਪਾਏ॥		Guramukh Hovai So Thath Paaeae ||	One who becomes Gurmukh, obtains the essence of reality;	ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ, ਉਹ (ਇਹ) ਅਸਲੀਅਤ ਲੱਭ ਲੈਂਦਾ ਹੈ,
43445	1016	ਆਪਣਾ ਆਪੁ ਵਿਚਹੁ ਗਵਾਏ॥		Aapanaa Aap Vichahu Gavaaeae ||	He eradictes his self-conceit from within.	ਉਹ ਮਨੁੱਖ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਦੇਂਦਾ ਹੈ।

43446	1016	ਸਤਿਗੁਰ ਬਾਝਹੁ ਸਭੁ ਧੰਧੁ ਕਮਾਵੈ ਵੇਖਹੁ ਮਨਿ ਵੀਚਾਰੀ ਜੀਉ॥੭॥		Sathigur Baajhahu Sabh Dhhandhh Kamaavai Vaekhahu Man Veechaaree Jeeo ||7||	Without the True Guru, all are entangled in worldly affairs; consider this in your mind, and see. ||7||	ਆਪਣੇ ਮਨ ਵਿਚ ਵਿਚਾਰ ਕਰ ਕੇ ਵੇਖ ਲੈ ਕਿ ਗੁਰੂ ਦੀ ਸਰਨ ਪੈਣ ਤੋਂ ਬਿਨਾ ਹਰੇਕ ਜੀਵ ਮਾਇਆ ਦੇ ਮੋਹ ਵਿਚ ਫਸਾਣ ਵਾਲੀ ਦੌੜ-ਭੱਜ ਹੀ ਕਰ ਰਿਹਾ ਹੈ ॥੭॥
43447	1016	ਇਕਿ ਭ੍ਰਮਿ ਭੂਲੇ ਫਿਰਹਿ ਅਹੰਕਾਰੀ॥		Eik Bhram Bhoolae Firehi Ahankaaree ||	Some are deluded by doubt; they strut around egotistically.	ਕਈ ਐਸੇ ਹਨ ਜੋ ਭੁਲੇਖੇ ਵਿਚ ਪੈ ਕੇ ਕੁਰਾਹੇ ਪਏ ਹੋਏ (ਆਪਣੇ ਇਸ ਗ਼ਲਤ ਤਿਆਗ ਤੇ ਹੀ) ਮਾਣ ਕਰਦੇ ਫਿਰਦੇ ਹਨ।
43448	1016	ਇਕਨਾ ਗੁਰਮੁਖਿ ਹਉਮੈ ਮਾਰੀ॥		Eikanaa Guramukh Houmai Maaree ||	Some, as Gurmukh, subdue their egotism.	ਕਈ ਐਸੇ ਹਨ ਜਿਨ੍ਹਾਂ ਨੇ ਗੁਰੂ ਦੀ ਸਰਨ ਪੈ ਕੇ (ਆਪਣੇ ਅੰਦਰੋਂ) ਹਉਮੈ ਦੂਰ ਕਰ ਲਈ ਹੈ।
43449	1016	ਸਚੈ ਸਬਦਿ ਰਤੇ ਬੈਰਾਗੀ ਹੋਰਿ ਭਰਮਿ ਭੁਲੇ ਗਾਵਾਰੀ ਜੀਉ॥੮॥	ਭੁੱਲੇ	Sachai Sabadh Rathae Bairaagee Hor Bharam Bhulae Gaavaaree Jeeo ||8||	Attuned to the True Word of the Shabad, they remain detached from the world. The other ignorant fools wander, confused and deluded by doubt. ||8||	ਅਸਲ ਬੈਰਾਗੀ ਉਹ ਹਨ ਜਿਹੜੇ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਵਿਚ ਰੰਗੇ ਹੋਏ ਹਨ, ਬਾਕੀ ਦੇ ਮੂਰਖ (ਆਪਣੇ ਤਿਆਗ ਦੇ) ਭੁਲੇਖੇ ਵਿਚ ਕੁਰਾਹੇ ਪਏ ਹੋਏ ਹਨ ॥੮॥

43450	1016	ਗੁਰਮੁਖਿ ਜਿਨੀ ਨਾਮੁ ਨ ਪਾਇਆ॥		Guramukh Jinee Naam N Paaeiaa ||	Those who have not become Gurmukh, and who have not found the Naam, the Name of the Lord	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਪ੍ਰਾਪਤ ਨਹੀਂ ਕੀਤਾ,
43451	1016	ਮਨਮੁਖਿ ਬਿਰਥਾ ਜਨਮੁ ਗਵਾਇਆ॥		Manamukh Birathhaa Janam Gavaaeiaa ||	Those self-willed manmukhs waste their lives uselessly.	ਉਹਨਾਂ ਮਨ ਦੇ ਮੁਰੀਦਾਂ ਨੇ ਆਪਣੀ ਜ਼ਿੰਦਗੀ ਵਿਅਰਥ ਗਵਾ ਲਈ ਹੈ।
43452	1016	ਅਗੈ ਵਿਣੁ ਨਾਵੈ ਕੋ ਬੇਲੀ ਨਾਹੀ ਬੂਝੈ ਗੁਰ ਬੀਚਾਰੀ ਜੀਉ॥੯॥		Agai Vin Naavai Ko Baelee Naahee Boojhai Gur Beechaaree Jeeo ||9||	In the world hereafter, nothing except the Name will be of any assistance; this is understood by contemplating the Guru. ||9||	ਪਰਲੋਕ ਵਿਚ ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਸਹਾਈ ਨਹੀਂ ਹੈ। ਪਰ ਇਸ ਗੱਲ ਨੂੰ ਗੁਰੂ ਦੇ ਸ਼ਬਦ ਦੀ ਵਿਚਾਰ ਦੀ ਰਾਹੀਂ ਹੀ (ਕੋਈ ਵਿਰਲਾ ਮਨੁੱਖ) ਸਮਝਦਾ ਹੈ ॥੯॥
43453	1016	ਅੰਮ੍ਰਿਤ ਨਾਮੁ ਸਦਾ ਸੁਖਦਾਤਾ॥		Anmrith Naam Sadhaa Sukhadhaathaa ||	The Ambrosial Naam is the Giver of peace forever.	ਹੇ ਨਾਨਕ! ਤੇਰਾ ਆਤਮਕ ਜੀਵਨ ਦੇਣ ਵਾਲਾ ਨਾਮ ਸਦਾ ਅਨੰਦ ਦੇਣ ਵਾਲਾ ਹੈ।
43454	1016	ਗੁਰਿ ਪੂਰੈ ਜੁਗ ਚਾਰੇ ਜਾਤਾ॥	ਜੁੱਗ	Gur Poorai Jug Chaarae Jaathaa ||	Throughout the four ages, it is known through the Perfect Guru.	ਸਦਾ ਤੋਂ ਪੂਰੇ ਗੁਰੂ ਦੀ ਰਾਹੀਂ ਹੀ (ਤੇਰੇ ਇਸ ਨਾਮ ਨਾਲ) ਸਾਂਝ ਪੈਂਦੀ ਆ ਰਹੀ ਹੈ।
43455	1016	ਜਿਸੁ ਤੂ ਦੇਵਹਿ ਸੋਈ ਪਾਏ ਨਾਨਕ ਤਤੁ ਬੀਚਾਰੀ ਜੀਉ॥੧੦॥੧॥	ਤੱਤੁ	Jis Thoo Dhaevehi Soee Paaeae Naanak Thath Beechaaree Jeeo ||10||1||	He alone receives it, unto whom You bestow it; this is the essence of reality which Nanak has realized. ||10||1||	ਹੇ ਪ੍ਰਭੂ! ਉਹੀ ਮਨੁੱਖ ਤੇਰਾ ਨਾਮ ਪ੍ਰਾਪਤ ਕਰਦਾ ਹੈ ਜਿਸ ਨੂੰ ਤੂੰ ਆਪ (ਇਹ ਦਾਤਿ) ਦੇਂਦਾ ਹੈਂ। ਉਹੀ ਮਨੁੱਖ ਅਸਲ ਜੀਵਨ-ਭੇਦ ਨੂੰ ਸਮਝਣ ਜੋਗਾ ਹੁੰਦਾ ਹੈ ॥੧੦॥੧॥

43456	1017	ਮਾਰੂ ਮਹਲਾ ੫ ਘਰੁ ੩ ਅਸਟਪਦੀਆ	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Maaroo Mehalaa 5 Ghar 3 Asattapadheeaa	Maaroo, Fifth Mehl, Third House, Ashtapadees:	ਰਾਗ ਮਾਰੂ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
43457	1017	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
43458	1017	ਲਖ ਚਉਰਾਸੀਹ ਭ੍ਰਮਤੇ ਭ੍ਰਮਤੇ ਦੁਲਭ ਜਨਮੁ ਅਬ ਪਾਇਓ॥੧॥	ਲੱਖ, ਦੁ-ਲਭ	Lakh Chouraaseeh Bhramathae Bhramathae Dhulabh Janam Ab Paaeiou ||1||	Wandering and roaming through 8.4 million incarnations, you have now been given this human life, so difficult to obtain. ||1||	ਹੇ ਮੂਰਖ! ਚੌਰਾਸੀ ਲੱਖ ਜੂਨਾਂ ਵਿਚ ਭੌਂਦਿਆਂ ਭੌਂਦਿਆਂ ਹੁਣ ਤੈਨੂੰ ਕੀਮਤੀ ਮਨੁੱਖਾ ਜਨਮ ਮਿਲਿਆ ਹੈ ॥੧॥
43459	1017	ਰੇ ਮੂੜੇ ਤੂ ਹੋਛੈ ਰਸਿ ਲਪਟਾਇਓ॥		Rae Moorrae Thoo Hoshhai Ras Lapattaaeiou ||	You fool! You are attached and clinging to such trivial pleasures!	ਹੇ ਮੂਰਖ! ਤੂੰ ਨਾਸਵੰਤ (ਪਦਾਰਥਾਂ ਦੇ) ਸੁਆਦ ਵਿਚ ਫਸਿਆ ਰਹਿੰਦਾ ਹੈਂ।
43460	1017	ਅੰਮ੍ਰਿਤੁ ਸੰਗਿ ਬਸਤੁ ਹੈ ਤੇਰੈ ਬਿਖਿਆ ਸਿਉ ਉਰਝਾਇਓ॥੧॥ਰਹਾਉ॥		Anmrith Sang Basath Hai Thaerai Bikhiaa Sio Ourajhaaeiou ||1|| Rehaao ||	The Ambrosial Nectar abides with you, but you are engrossed in sin and corruption. ||1||Pause||	ਅਟੱਲ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਤੇਰੇ ਅੰਦਰ ਵੱਸਦਾ ਹੈ (ਤੂੰ ਉਸ ਨੂੰ ਛੱਡ ਕੇ ਆਤਮਕ ਮੌਤ ਲਿਆਉਣ ਵਾਲੀ) ਮਾਇਆ ਦੇ ਨਾਲ ਚੰਬੜਿਆ ਹੋਇਆ ਹੈਂ ॥੧॥ ਰਹਾਉ ॥

43461	1017	ਰਤਨ ਜਵੇਹਰ ਬਨਜਨਿ ਆਇਓ ਕਾਲਰੁ ਲਾਦਿ ਚਲਾਇਓ॥੨॥		Rathan Javaehar Banajan Aaeiou Kaalar Laadh Chalaaeiou ||2||	You have come to trade in gems and jewels, but you have loaded only barren soil. ||2||	ਹੇ ਮੂਰਖ! ਤੂੰ ਆਇਆ ਸੈਂ ਰਤਨ ਤੇ ਜਵਾਹਰ ਖ਼ਰੀਦਣ ਲਈ, ਪਰ ਤੂੰ ਇੱਥੋਂ ਕੱਲਰ ਲੱਦ ਕੇ ਹੀ ਤੁਰ ਪਿਆ ਹੈਂ ॥੨॥
43462	1017	ਜਿਹ ਘਰ ਮਹਿ ਤੁਧੁ ਰਹਨਾ ਬਸਨਾ ਸੋ ਘਰੁ ਚੀਤਿ ਨ ਆਇਓ॥੩॥		Jih Ghar Mehi Thudhh Rehanaa Basanaa So Ghar Cheeth N Aaeiou ||3||	That home within which you live - you have not kept that home in your thoughts. ||3||	ਹੇ ਮੂਰਖ! ਜਿਸ ਘਰ ਵਿਚ ਤੂੰ ਸਦਾ ਰਹਿਣਾ-ਵੱਸਣਾ ਹੈ, ਉਹ ਘਰ ਕਦੇ ਤੇਰੇ ਚਿੱਤ-ਚੇਤੇ ਹੀ ਨਹੀਂ ਆਇਆ ॥੩॥
43463	1017	ਅਟਲ ਅਖੰਡ ਪ੍ਰਾਣ ਸੁਖਦਾਈ ਇਕ ਨਿਮਖ ਨਹੀ ਤੁਝੁ ਗਾਇਓ॥੪॥	ਅ-ਟਲ	Attal Akhandd Praan Sukhadhaaee Eik Nimakh Nehee Thujh Gaaeiou ||4||	He is immovable, indestructible, the Giver of peace to the soul; and yet you do not sing His Praises, even for an instant. ||4||	ਹੇ ਮੂਰਖ! ਤੂੰ ਅੱਖ ਝਮਕਣ ਜਿਤਨੇ ਸਮੇ ਵਾਸਤੇ ਭੀ ਕਦੇ ਉਸ ਪਰਮਾਤਮਾ ਦੀ ਸਿਫ਼ਤ-ਸਾਲਾਹ ਨਹੀਂ ਕੀਤੀ, ਜੋ ਸਦਾ ਕਾਇਮ ਰਹਿਣ ਵਾਲਾ ਹੈ, ਜੋ ਅਬਿਨਾਸੀ ਹੈ, ਜੋ ਜਿੰਦ ਦੇਣ ਵਾਲਾ ਹੈ ਤੇ ਜੋ ਸਾਰੇ ਸੁਖ ਦੇਣ ਵਾਲਾ ਹੈ ॥੪॥
43464	1017	ਜਹਾ ਜਾਣਾ ਸੋ ਥਾਨੁ ਵਿਸਾਰਿਓ ਇਕ ਨਿਮਖ ਨਹੀ ਮਨੁ ਲਾਇਓ॥੫॥		Jehaa Jaanaa So Thhaan Visaariou Eik Nimakh Nehee Man Laaeiou ||5||	You have forgotten that place where you must go; you have not attached your mind to the Lord, even for an instant. ||5||	ਹੇ ਮੂਰਖ! ਜਿਸ ਥਾਂ ਆਖ਼ਰ ਜ਼ਰੂਰ ਜਾਣਾ ਹੈ ਉਸ ਵਲ ਤਾਂ ਤੂੰ ਅੱਖ ਦੇ ਝਮਕਣ ਜਿਤਨੇ ਸਮੇ ਲਈ ਭੀ ਕਦੇ ਧਿਆਨ ਨਹੀਂ ਦਿੱਤਾ ॥੫॥

43465	1017	ਪੁਤ੍ਰ ਕਲਤ੍ਰ ਗ੍ਰਿਹ ਦੇਖਿ ਸਮਗ੍ਰੀ ਇਸ ਹੀ ਮਹਿ ਉਰਝਾਇਓ॥੬॥	ਕ-ਲੱਤ੍ਰ ।ਸਮੱਗ੍ਰੀ	Puthr Kalathr Grih Dhaekh Samagree Eis Hee Mehi Ourajhaaeiou ||6||	Gazing upon your children, spouse, household and paraphernalia, you are entangled in them. ||6||	ਹੇ ਮੂਰਖ! ਪੁੱਤਰ, ਇਸਤ੍ਰੀ ਤੇ ਘਰ ਦਾ ਸਾਮਾਨ ਵੇਖ ਕੇ ਇਸ ਦੇ ਮੋਹ ਵਿਚ ਹੀ ਤੂੰ ਫਸਿਆ ਪਿਆ ਹੈਂ ॥੬॥
43466	1017	ਜਿਤੁ ਕੋ ਲਾਇਓ ਤਿਤ ਹੀ ਲਾਗਾ ਤੈਸੇ ਕਰਮ ਕਮਾਇਓ॥੭॥		Jith Ko Laaeiou Thith Hee Laagaa Thaisae Karam Kamaaeiou ||7||	As God links the mortals, so are they linked, and so are the deeds they do. ||7||	(ਪਰ ਜੀਵ ਦੇ ਭੀ ਕੀਹ ਵੱਸ!) ਜਿਸ (ਕੰਮ) ਵਿਚ ਕੋਈ ਜੀਵ (ਪਰਮਾਤਮਾ ਵੱਲੋਂ) ਲਾਇਆ ਜਾਂਦਾ ਹੈ ਉਸ ਵਿਚ ਉਹ ਲੱਗਾ ਰਹਿੰਦਾ ਹੈ, ਉਹੋ ਜਿਹੇ ਕੰਮ ਹੀ ਉਹ ਕਰਦਾ ਰਹਿੰਦਾ ਹੈ ॥੭॥
43467	1017	ਜਉ ਭਇਓ ਕ੍ਰਿਪਾਲੁ ਤਾ ਸਾਧਸੰਗੁ ਪਾਇਆ ਜਨ ਨਾਨਕ ਬ੍ਰਹਮੁ ਧਿਆਇਓ॥੮॥੧॥		Jo Bhaeiou Kirapaal Thaa Saadhhasang Paaeiaa Jan Naanak Breham Dhhiaaeiou ||8||1||	When He becomes Merciful, then the Saadh Sangat, the Company of the Holy, is found; servant Nanak meditates on God. ||8||1||	ਹੇ ਦਾਸ ਨਾਨਕ! ਜਦੋਂ ਪਰਮਾਤਮਾ ਕਿਸੇ ਜੀਵ ਉਤੇ ਦਇਆਵਾਨ ਹੁੰਦਾ ਹੈ, ਤਦੋਂ ਉਸ ਨੂੰ ਗੁਰੂ ਦਾ ਸਾਥ ਪ੍ਰਾਪਤ ਹੁੰਦਾ ਹੈ, ਤੇ, ਉਹ ਪਰਮਾਤਮਾ ਵਿਚ ਸੁਰਤ ਜੋੜਦਾ ਹੈ ॥੮॥੧॥
43468	1017	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	

43469	1017	ਕਰਿ ਅਨੁਗ੍ਰਹੁ ਰਾਖਿ ਲੀਨੋ ਭਇਓ ਸਾਧੂਸੰਗੁ॥	ਅ-ਨੁੱਗ੍ਰਹੁ	Kar Anugrahu Raakh Leeno Bhaeiou Saadhhoo Sang ||	Granting His Grace, He has protected me; I have found the Saadh Sangat, the Company of the Holy.	ਦਇਆ ਕਰ ਕੇ ਜਿਸ ਮਨੁੱਖ ਦੀ ਰੱਖਿਆ ਪਰਮਾਤਮਾ ਕਰਦਾ ਹੈ, ਉਸ ਨੂੰ ਗੁਰੂ ਦਾ ਮਿਲਾਪ ਹੁੰਦਾ ਹੈ।
43470	1017	ਹਰਿ ਨਾਮ ਰਸੁ ਰਸਨਾ ਉਚਾਰੈ ਮਿਸਟ ਗੂੜਾ ਰੰਗੁ॥੧॥		Har Naam Ras Rasanaa Ouchaarai Misatt Goorraa Rang ||1||	My tongue lovingly chants the Lord's Name; this love is so sweet and intense! ||1||	ਉਹ ਮਨੁੱਖ ਪਰਮਾਤਮਾ ਦੇ ਨਾਮ ਦਾ ਆਨੰਦ ਮਾਣਦਾ ਹੈ। ਉਹ ਆਪਣੀ ਜੀਭ ਨਾਲ ਪ੍ਰਭੂ ਦਾ ਨਾਮ ਜਪਦਾ ਹੈ, (ਉਸ ਦੇ ਮਨ ਉਤੇ ਪਰਮਾਤਮਾ ਦੇ ਪਿਆਰ ਦਾ) ਮਿੱਠਾ ਗੂੜ੍ਹਾ ਰੰਗ ਚੜ੍ਹਿਆ ਰਹਿੰਦਾ ਹੈ ॥੧॥
43471	1017	ਮੇਰੇ ਮਾਨ ਕੋ ਅਸਥਾਨੁ॥		Maerae Maan Ko Asathhaan ||	He is the place of rest for my mind,	ਪਰਮਾਤਮਾ ਹੀ ਸਦਾ ਮੇਰੇ ਮਨ ਦਾ ਸਹਾਰਾ ਹੈ।
43472	1017	ਮੀਤ ਸਾਜਨ ਸਖਾ ਬੰਧਪੁ ਅੰਤਰਜਾਮੀ ਜਾਨੁ॥੧॥ਰਹਾਉ॥		Meeth Saajan Sakhaa Bandhhap Antharajaamee Jaan ||1|| Rehaao ||	My friend, companion, associate and relative; He is the Inner-knower, the Searcher of hearts. ||1||Pause||	ਸਭ ਦੇ ਦਿਲ ਦੀ ਜਾਣਨ ਵਾਲਾ ਸੁਜਾਨ ਪਰਮਾਤਮਾ ਮੇਰਾ ਮਿੱਤਰ ਹੈ, ਉਹੀ ਮੇਰਾ ਸੱਜਣ ਹੈ, ਉਹੀ ਮੇਰਾ ਸਾਥੀ ਹੈ, ਉਹੀ ਮੇਰਾ ਰਿਸ਼ਤੇਦਾਰ ਹੈ ॥੧॥ ਰਹਾਉ ॥
43473	1017	ਸੰਸਾਰ ਸਾਗਰੁ ਜਿਨਿ ਉਪਾਇਓ ਸਰਣਿ ਪ੍ਰਭ ਕੀ ਗਹੀ॥		Sansaar Saagar Jin Oupaaeiou Saran Prabh Kee Gehee ||	He created the world-ocean; I seek the Sanctuary of that God.	(ਜਿਸ ਮਨੁੱਖ ਨੇ) ਉਸ ਪ੍ਰਭੂ ਦਾ ਆਸਰਾ ਲਿਆ ਹੈ ਜਿਸ ਨੇ ਇਹ ਸੰਸਾਰ-ਸਮੁੰਦਰ ਪੈਦਾ ਕੀਤਾ ਹੈ,

43474	1017	ਗੁਰ ਪ੍ਰਸਾਦੀ ਪ੍ਰਭੁ ਅਰਾਧੇ ਜਮਕੰਕਰੁ ਕਿਛੁ ਨ ਕਹੀ॥੨॥		Gur Prasaadhee Prabh Araadhhae Jamakankar Kishh N Kehee ||2||	By Guru's Grace, I worship and adore God; the Messenger of Death can't say anything to me. ||2||	ਉਹ ਮਨੁੱਖ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਆਰਾਧਨ ਕਰਦਾ ਰਹਿੰਦਾ ਹੈ, ਉਸ ਨੂੰ ਜਮਦੂਤ ਭੀ ਕੁਝ ਨਹੀਂ ਆਖਦਾ ॥੨॥
43475	1017	ਮੋਖ ਮੁਕਤਿ ਦੁਆਰਿ ਜਾ ਕੈ ਸੰਤ ਰਿਦਾ ਭੰਡਾਰੁ॥		Mokh Mukath Dhuaar Jaa Kai Santh Ridhaa Bhanddaar ||	Emancipation and liberation are at His Door; He is the treasure in the hearts of the Saints.	ਜਿਸ ਪਰਮਾਤਮਾ ਦੇ ਦਰ ਤੇ ਮੁਕਤੀ ਟਿਕੀ ਰਹਿੰਦੀ ਹੈ, ਜਿਸ ਦਾ ਖ਼ਜ਼ਾਨਾ ਸੰਤ ਜਨਾਂ ਦਾ ਹਿਰਦਾ ਹੈ (ਜੋ ਸੰਤ ਜਨਾਂ ਦੇ ਹਿਰਦੇ ਵਿਚ ਸਦਾ ਵੱਸਦਾ ਹੈ),
43476	1017	ਜੀਅ ਜੁਗਤਿ ਸੁਜਾਣੁ ਸੁਆਮੀ ਸਦਾ ਰਾਖਣਹਾਰੁ॥੩॥		Jeea Jugath Sujaan Suaamee Sadhaa Raakhanehaar ||3||	The all-knowing Lord and Master shows us the true way of life; He is our Savior and Protector forever. ||3||	ਉਹੀ ਮਾਲਕ-ਪ੍ਰਭੂ ਸਦਾ ਰੱਖਿਆ ਕਰਨ ਦੀ ਸਮਰਥਾ ਵਾਲਾ ਹੈ। ਉਹ ਸੁਜਾਨ ਪ੍ਰਭੂ ਹੀ ਆਤਮਕ ਜੀਵਨ ਜੀਊਣ ਦੀ ਜਾਚ ਸਿਖਾਂਦਾ ਹੈ ॥੩॥
43477	1017	ਦੂਖ ਦਰਦ ਕਲੇਸ ਬਿਨਸਹਿ ਜਿਸੁ ਬਸੈ ਮਨ ਮਾਹਿ॥		Dhookh Dharadh Kalaes Binasehi Jis Basai Man Maahi ||	Pain, suffering and troubles are eradicated, when the Lord abides in the mind.	ਪਰਮਾਤਮਾ ਜਿਸ ਮਨੁੱਖ ਦੇ ਮਨ ਵਿਚ ਆ ਵੱਸਦਾ ਹੈ ਉਸ ਦੇ ਸਾਰੇ ਦੁੱਖ ਦਰਦ ਤੇ ਕਲੇਸ਼ ਮਿਟ ਜਾਂਦੇ ਹਨ।
43478	1017	ਮਿਰਤੁ ਨਰਕੁ ਅਸਥਾਨ ਬਿਖੜੇ ਬਿਖੁ ਨ ਪੋਹੈ ਤਾਹਿ॥੪॥		Mirath Narak Asathhaan Bikharrae Bikh N Pohai Thaahi ||4||	Death, hell and the most horrible dwelling of sin and corruption cannot even touch such a person. ||4||	ਆਤਮਕ ਮੌਤ, ਨਰਕ, ਹੋਰ ਔਖੇ ਥਾਂ, ਆਤਮਕ ਮੌਤ ਲਿਆਉਣ ਵਾਲੀ ਮਾਇਆ- ਇਹਨਾਂ ਵਿਚੋਂ ਕੋਈ ਭੀ ਉਸ ਉਤੇ ਆਪਣਾ ਅਸਰ ਨਹੀਂ ਪਾ ਸਕਦਾ ॥੪॥

43479	1017	ਰਿਧਿ ਸਿਧਿ ਨਵ ਨਿਧਿ ਜਾ ਕੈ ਅੰਮ੍ਰਿਤਾ ਪਰਵਾਹ॥		Ridhh Sidhh Nav Nidhh Jaa Kai Anmrithaa Paravaah ||	Wealth, miraculous spiritual powers and the nine treasures come from the Lord, as do the streams of Ambrosial Nectar.	ਜਿਸ ਪਰਮਾਤਮਾ ਦੇ ਘਰ ਵਿਚ ਸਾਰੀਆਂ ਕਰਾਮਾਤੀ ਤਾਕਤਾਂ ਹਨ, ਤੇ ਸਾਰੇ ਹੀ ਖ਼ਜ਼ਾਨੇ ਹਨ, ਜਿਸ ਦੇ ਘਰ ਵਿਚ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੇ ਚਸ਼ਮੇ ਚੱਲ ਰਹੇ ਹਨ,
43480	1017	ਆਦਿ ਅੰਤੇ ਮਧਿ ਪੂਰਨ ਊਚ ਅਗਮ ਅਗਾਹ॥੫॥	ਅ-ਗਮ: ਪੋਲਾ ਬੋਲੋ ਸੋਗ ਰਹਿਤ	Aadh Anthae Madhh Pooran Ooch Agam Agaah ||5||	In the beginning, in the middle, and in the end, He is perfect, lofty, unapproachable and unfathomable. ||5||	ਉਹੀ ਪਰਮਾਤਮਾ ਜਗਤ ਦੇ ਸ਼ੁਰੂ ਵਿਚ, ਅੰਤ ਵਿਚ, ਵਿਚਕਾਰਲੇ ਸਮੇ ਵਿਚ ਹਰ ਵੇਲੇ ਮੌਜੂਦ ਹੈ। ਉਹ ਪਰਮਾਤਮਾ ਸਭ ਤੋਂ ਉੱਚਾ ਹੈ, ਅਪਹੁੰਚ ਹੈ, ਤੇ ਅਥਾਹ ਹੈ ॥੫॥
43481	1017	ਸਿਧ ਸਾਧਿਕ ਦੇਵ ਮੁਨਿ ਜਨ ਬੇਦ ਕਰਹਿ ਉਚਾਰੁ॥		Sidhh Saadhhik Dhaev Mun Jan Baedh Karehi Ouchaar ||	The Siddhas, seekers, angelic beings, silent sages, and the Vedas speak of Him.	ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਜੋਗ-ਸਾਧਨ ਕਰਨ ਵਾਲੇ ਜੋਗੀ, ਦੇਵਤੇ, ਮੋਨ-ਧਾਰੀ ਸਾਧੂ, (ਉਹ ਪੰਡਿਤ ਜੋ) ਵੇਦਾਂ ਦਾ ਪਾਠ ਕਰਦੇ ਰਹਿੰਦੇ ਹਨ-
43482	1017	ਸਿਮਰਿ ਸੁਆਮੀ ਸੁਖ ਸਹਜਿ ਭੁੰਚਹਿ ਨਹੀ ਅੰਤੁ ਪਾਰਾਵਾਰੁ॥੬॥		Simar Suaamee Sukh Sehaj Bhunchehi Nehee Anth Paaraavaar ||6||	Meditating in remembrance on the Lord and Master, celestial peace is enjoyed; He has no end or limitation. ||6||	(ਕੋਈ ਭੀ ਹੋਣ) ਮਾਲਕ-ਪ੍ਰਭੂ (ਦਾ ਨਾਮ) ਸਿਮਰ ਕੇ (ਹੀ) ਆਤਮਕ ਅਡੋਲਤਾ ਵਿਚ ਆਨੰਦ ਮਾਣ ਸਕਦੇ ਹਨ, (ਐਸਾ ਆਨੰਦ ਜਿਸ ਦਾ) ਅੰਤ ਨਹੀਂ (ਜੋ ਕਦੇ ਮੁੱਕਦਾ ਨਹੀਂ) ਜਿਸ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ ॥੬॥

43483	1017	ਅਨਿਕ ਪ੍ਰਾਛਤ ਮਿਟਹਿ ਖਿਨ ਮਹਿ ਰਿਦੈ ਜਪਿ ਭਗਵਾਨ॥		Anik Praashhath Mittehi Khin Mehi Ridhai Jap Bhagavaan ||	Countless sins are erased in an instant, meditating on the Benevolent Lord within the heart.	ਹਿਰਦੇ ਵਿਚ ਭਗਵਾਨ (ਦਾ ਨਾਮ) ਜਪ ਕੇ ਇਕ ਛਿਨ ਵਿਚ ਹੀ ਅਨੇਕਾਂ ਪਾਪ ਮਿਟ ਜਾਂਦੇ ਹਨ।
43484	1017	ਪਾਵਨਾ ਤੇ ਮਹਾ ਪਾਵਨ ਕੋਟਿ ਦਾਨ ਇਸਨਾਨ॥੭॥		Paavanaa Thae Mehaa Paavan Kott Dhaan Eisanaan ||7||	Such a person becomes the purest of the pure, and is blessed with the merits of millions of donations to charity and cleansing baths. ||7||	ਭਗਵਾਨ (ਦਾ ਨਾਮ ਹੀ) ਸਭ ਤੋਂ ਵਧੀਕ ਪਵਿੱਤਰ ਹੈ, ਨਾਮ-ਸਿਮਰਨ ਹੀ ਕ੍ਰੋੜਾਂ ਦਾਨ ਹਨ ਤੇ ਕ੍ਰੋੜਾਂ ਤੀਰਥ-ਇਸ਼ਨਾਨ ਹਨ ॥੭॥
43485	1017	ਬਲ ਬੁਧਿ ਸੁਧਿ ਪਰਾਣ ਸਰਬਸੁ ਸੰਤਨਾ ਕੀ ਰਾਸਿ॥	ਸਰਬਸੁ: ਪੋਲਾ ਬੋਲੋ ਮਿਲਵਾਂ	Bal Budhh Sudhh Paraan Sarabas Santhanaa Kee Raas ||	God is power, intellect, understanding, the breath of life, wealth, and everything for the Saints.	ਪਰਮਾਤਮਾ ਦਾ ਨਾਮ ਹੀ ਸੰਤ ਜਨਾਂ ਦਾ ਸਰਮਾਇਆ ਹੈ, ਬਲ ਹੈ, ਬੁੱਧੀ ਹੈ, ਸੂਝ-ਬੂਝ ਹੈ, ਜਿੰਦ ਹੈ, ਇਹੀ ਉਹਨਾਂ ਦਾ ਸਭ ਕੁਝ ਹੈ।
43486	1017	ਬਿਸਰੁ ਨਾਹੀ ਨਿਮਖ ਮਨ ਤੇ ਨਾਨਕ ਕੀ ਅਰਦਾਸਿ॥੮॥੨॥		Bisar Naahee Nimakh Man Thae Naanak Kee Aradhaas ||8||2||	May I never forget Him from my mind, even for an instant - this is Nanak's prayer. ||8||2||	ਨਾਨਕ ਦੀ ਭੀ ਇਹੀ ਬੇਨਤੀ ਹੈ- ਹੇ ਪ੍ਰਭੂ! ਮੇਰੇ ਮਨ ਤੋਂ ਤੂੰ ਅੱਖ ਝਮਕਣ ਜਿਤਨੇ ਸਮੇ ਲਈ ਭੀ ਨਾਹ ਭੁੱਲ ॥੮॥੨॥
43487	1017	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	

43488	1017	ਸਸਤ੍ਰਿ ਤੀਖਣਿ ਕਾਟਿ ਡਾਰਿਓ ਮਨਿ ਨ ਕੀਨੋ ਰੋਸੁ॥		Sasathr Theekhan Kaatt Ddaariou Man N Keeno Ros ||	The sharp tool cuts down the tree, but it does not feel anger in its mind.	(ਹੇ ਮੇਰੇ ਮਨ! ਜਿਸ ਮਨੁੱਖ ਨੇ ਰੁੱਖ ਨੂੰ ਕਿਸੇ) ਤੇਜ਼ ਹਥਿਆਰ ਨਾਲ ਕੱਟ ਸੁੱਟਿਆ (ਰੁੱਖ ਨੇ ਆਪਣੇ) ਮਨ ਵਿਚ (ਉਸ ਉੱਤੇ) ਗੁੱਸਾ ਨਾਹ ਕੀਤਾ,
43489	1017	ਕਾਜੁ ਉਆ ਕੋ ਲੇ ਸਵਾਰਿਓ ਤਿਲੁ ਨ ਦੀਨੋ ਦੋਸੁ॥੧॥		Kaaj Ouaa Ko Lae Savaariou Thil N Dheeno Dhos ||1||	It serves the purpose of the cutter, and does not blame him at all. ||1||	(ਸਗੋਂ ਰੁੱਖ ਨੇ) ਉਸ ਦਾ ਕੰਮ ਸਵਾਰ ਦਿੱਤਾ, ਤੇ, (ਉਸ ਨੂੰ) ਰਤਾ ਭਰ ਭੀ ਕੋਈ ਦੋਸ਼ ਨਾਹ ਦਿੱਤਾ ॥੧॥
43490	1017	ਮਨ ਮੇਰੇ ਰਾਮ ਰਉ ਨਿਤ ਨੀਤਿ॥		Man Maerae Raam Ro Nith Neeth ||	O my mind, continually, continuously, meditate on the Lord.	ਹੇ ਮੇਰੇ ਮਨ! ਸਦਾ ਹੀ ਪਰਮਾਤਮਾ ਦਾ ਸਿਮਰਨ ਕਰਦਾ ਰਹੁ।
43491	1017	ਦਇਆਲ ਦੇਵ ਕ੍ਰਿਪਾਲ ਗੋਬਿੰਦ ਸੁਨਿ ਸੰਤਨਾ ਕੀ ਰੀਤਿ॥੧॥ਰਹਾਉ॥		Dhaeiaal Dhaev Kirapaal Gobindh Sun Santhanaa Kee Reeth ||1|| Rehaao ||	The Lord of the Universe is merciful, divine and compassionate. Listen - this is the way of the Saints. ||1||Pause||	ਦਇਆਲ, ਪ੍ਰਕਾਸ਼-ਰੂਪ, ਕਿਰਪਾਲ ਗੋਬਿੰਦ ਦੇ (ਸੰਤ ਜਨਾਂ ਦੀ ਸੰਗਤ ਵਿਚ ਰਹਿ ਕੇ ਗੁਣ ਗਾ)। (ਉਹ ਸੰਤ ਜਨ ਕਿਹੋ ਜਿਹੇ ਹੁੰਦੇ ਹਨ? ਉਹਨਾਂ) ਸੰਤ ਜਨਾਂ ਦੀ ਜੀਵਨ-ਮਰਯਾਦਾ ਸੁਣ ॥੧॥ ਰਹਾਉ ॥
43492	1018	ਚਰਣ ਤਲੈ ਉਗਾਹਿ ਬੈਸਿਓ ਸ੍ਰਮੁ ਨ ਰਹਿਓ ਸਰੀਰਿ॥		Charan Thalai Ougaahi Baisiou Sram N Rehiou Sareer ||	He plants his feet in the boat, and then sits down in it; the fatigue of his body is relieved.	(ਹੇ ਮੇਰੇ ਮਨ! ਜਿਹੜਾ ਮਨੁੱਖ ਬੇੜੀ ਨੂੰ) ਪੈਰਾਂ ਹੇਠ ਨੱਪ ਕੇ (ਉਸ ਵਿਚ) ਬਹਿ ਗਿਆ, (ਉਸ ਮਨੁੱਖ ਦੇ) ਸਰੀਰ ਵਿਚ (ਪੈਂਡੇ ਦਾ) ਥਕੇਵਾਂ ਨਾਹ ਰਿਹਾ।

43493	1018	ਮਹਾ ਸਾਗਰੁ ਨਹ ਵਿਆਪੈ ਖਿਨਹਿ ਉਤਰਿਓ ਤੀਰਿ॥੨॥		Mehaa Saagar Neh Viaapai Khinehi Outhariou Theer ||2||	The great ocean does not even affect him; in an instant, he arrives on the other shore. ||2||	ਭਿਆਨਕ ਸਮੁੰਦਰ (ਦਰੀਆ ਭੀ) ਉਸ ਉੱਤੇ ਆਪਣਾ ਅਸਰ ਨਹੀਂ ਪਾ ਸਕਦਾ, (ਬੇੜੀ ਵਿਚ ਬੈਠ ਕੇ ਉਹ) ਇਕ ਖਿਨ ਵਿਚ ਹੀ (ਉਸ ਦਰੀਆ ਤੋਂ) ਪਾਰਲੇ ਕੰਢੇ ਜਾ ਉਤਰਿਆ ॥੨॥
43494	1018	ਚੰਦਨ ਅਗਰ ਕਪੂਰ ਲੇਪਨ ਤਿਸੁ ਸੰਗੇ ਨਹੀ ਪ੍ਰੀਤਿ॥		Chandhan Agar Kapoor Laepan This Sangae Nehee Preeth ||	Sandalwood, aloe, and camphor-paste - the earth does not love them.	(ਹੇ ਮੇਰੇ ਮਨ! ਜਿਹੜਾ ਮਨੁੱਖ ਧਰਤੀ ਉੱਤੇ) ਚੰਦਨ ਅਗਰ ਕਪੂਰ ਨਾਲ ਲੇਪਨ (ਕਰਦਾ ਹੈ, ਧਰਤੀ) ਉਸ (ਮਨੁੱਖ) ਨਾਲ (ਕੋਈ ਖ਼ਾਸ) ਪਿਆਰ ਨਹੀਂ ਕਰਦੀ;
43495	1018	ਬਿਸਟਾ ਮੂਤ੍ਰ ਖੋਦਿ ਤਿਲੁ ਤਿਲੁ ਮਨਿ ਨ ਮਨੀ ਬਿਪਰੀਤਿ॥੩॥		Bisattaa Moothr Khodh Thil Thil Man N Manee Bipareeth ||3||	But it doesn't mind,if someone digs it up bit by bit,and applies manure and urine to it. ||3||	ਤੇ (ਜਿਹੜਾ ਮਨੁੱਖ ਧਰਤੀ ਉੱਤੇ) ਗੂੰਹ ਮੂਤਰ (ਸੁੱਟਦਾ ਹੈ, ਧਰਤੀ ਨੂੰ) ਪੁੱਟ ਕੇ ਰਤਾ ਰਤਾ (ਕਰਦਾ ਹੈ, ਉਸ ਮਨੁੱਖ ਦੇ ਵਿਰੁੱਧ ਆਪਣੇ) ਮਨ ਵਿਚ (ਧਰਤੀ) ਬੁਰਾ ਨਹੀਂ ਮਨਾਂਦੀ ॥੩॥
43496	1018	ਊਚ ਨੀਚ ਬਿਕਾਰ ਸੁਕ੍ਰਿਤ ਸੰਲਗਨ ਸਭ ਸੁਖ ਛਤ੍ਰ॥	ਸੁ-ਕ੍ਰਿਤ। ਸੰ-ਲਗਨ: ਪੋਲਾ ਬੋਲੋ	Ooch Neech Bikaar Sukirath Sanlagan Sabh Sukh Shhathr ||	High and low, bad and good - the comforting canopy of the sky stretches evenly over all.	(ਹੇ ਮੇਰੇ ਮਨ!) ਕੋਈ ਉੱਚਾ ਹੋਵੇ ਨੀਵਾਂ ਹੋਵੇ, ਕੋਈ ਬੁਰਾਈ ਕਰੇ ਕੋਈ ਭਲਾਈ ਕਰੇ (ਆਕਾਸ਼ ਸਭਨਾਂ ਨਾਲ) ਇਕੋ ਜਿਹਾ ਲੱਗਾ ਰਹਿੰਦਾ ਹੈ, ਸਭਨਾਂ ਵਾਸਤੇ ਸੁਖਾਂ ਦਾ ਛਤਰ (ਬਣਿਆ ਰਹਿੰਦਾ) ਹੈ।

43497	1018	ਮਿਤ੍ਰ ਸਤ੍ਰੁ ਨ ਕਛੂ ਜਾਨੈ ਸਰਬ ਜੀਅ ਸਮਤ॥੪॥	ਇੱਕ (ਸਮਤ) ਸਮਾਨ।ਸਮਤ: ਪੋਲਾ ਬੋਲੋ	Mithr Sathra N Kashhoo Jaanai Sarab Jeea Samath ||4||	It knows nothing of friend and enemy; all beings are alike to it. ||4||	(ਆਕਾਸ਼) ਨਾਹ ਕਿਸੇ ਨੂੰ ਮਿੱਤਰ ਸਮਝਦਾ ਹੈ ਨਾਹ ਕਿਸੇ ਨੂੰ ਵੈਰੀ, (ਆਕਾਸ਼) ਸਾਰੇ ਜੀਵਾਂ ਵਾਸਤੇ ਇੱਕ-ਸਮਾਨ ਹੈ ॥੪॥
43498	1018	ਕਰਿ ਪ੍ਰਗਾਸੁ ਪ੍ਰਚੰਡ ਪ੍ਰਗਟਿਓ ਅੰਧਕਾਰ ਬਿਨਾਸ॥		Kar Pragaas Prachandd Pragattiou Andhhakaar Binaas ||	Blazing with its dazzling light, the sun rises, and dispels the darkness.	(ਹੇ ਮੇਰੇ ਮਨ! ਸੂਰਜ) ਤੇਜ਼ ਰੌਸ਼ਨੀ ਕਰ ਕੇ (ਆਕਾਸ਼ ਵਿਚ) ਪਰਗਟ ਹੁੰਦਾ ਹੈ ਅਤੇ ਹਨੇਰੇ ਦਾ ਨਾਸ ਕਰਦਾ ਹੈ।
43499	1018	ਪਵਿਤ੍ਰ ਅਪਵਿਤ੍ਰਹ ਕਿਰਣ ਲਾਗੇ ਮਨਿ ਨ ਭਇਓ ਬਿਖਾਦੁ॥੫॥		Pavithr Apavithreh Kiran Laagae Man N Bhaeiou Bikhaadh ||5||	Touching both the pure and the impure, it harbors no hatred to any. ||5||	ਚੰਗੇ ਮੰਦੇ ਸਭ ਜੀਵਾਂ ਨੂੰ ਉਸ ਦੀਆਂ ਕਿਰਣਾਂ ਲੱਗਦੀਆਂ ਹਨ, (ਸੂਰਜ ਦੇ) ਮਨ ਵਿਚ (ਇਸ ਗੱਲੋਂ) ਦੁੱਖ ਨਹੀਂ ਹੁੰਦਾ ॥੫॥
43500	1018	ਸੀਤ ਮੰਦ ਸੁਗੰਧ ਚਲਿਓ ਸਰਬ ਥਾਨ ਸਮਾਨ॥		Seeth Mandh Sugandhh Chaliou Sarab Thhaan Samaan ||	The cool and fragrant wind gently blows upon all places alike.	ਹੇ ਮੇਰੇ ਮਨ! ਠੰਢੀ (ਹਵਾ) ਸੁਗੰਧੀ-ਭਰੀ (ਹਵਾ) ਮੱਠੀ ਮੱਠੀ ਸਭਨਾਂ ਥਾਂਵਾਂ ਵਿਚ ਇਕੋ ਜਿਹੀ ਚੱਲਦੀ ਹੈ;
43501	1018	ਜਹਾ ਸਾ ਕਿਛੁ ਤਹਾ ਲਾਗਿਓ ਤਿਲੁ ਨ ਸੰਕਾ ਮਾਨ॥੬॥		Jehaa Saa Kishh Thehaa Laagiou Thil N Sankaa Maan ||6||	Wherever anything is, it touches it there, and does not hesitate a bit. ||6||	ਜਿੱਥੇ ਭੀ ਕੋਈ ਚੀਜ਼ ਹੋਵੇ (ਚੰਗੀ ਹੋਵੇ ਚਾਹੇ ਮੰਦੀ) ਉੱਥੇ ਹੀ (ਸਭ ਨੂੰ) ਲੱਗਦੀ ਹੈ, ਰਤਾ ਭੀ ਝਿਜਕ ਨਹੀਂ ਕਰਦੀ ॥੬॥

43502	1018	ਸੁਭਾਇ ਅਭਾਇ ਜੁ ਨਿਕਟਿ ਆਵੈ ਸੀਤੁ ਤਾ ਕਾ ਜਾਇ॥		Subhaae Abhaae J Nikatt Aavai Seeth Thaa Kaa Jaae ||	Good or bad, whoever comes close to the fire - his cold is taken away.	(ਹੇ ਮੇਰੇ ਮਨ!) ਜਿਹੜਾ ਭੀ ਮਨੁੱਖ ਚੰਗੀ ਭਾਵਨਾ ਨਾਲ ਜਾਂ ਮੰਦੀ ਭਾਵਨਾ ਨਾਲ (ਅੱਗ ਦੇ) ਨੇੜੇ ਆਉਂਦਾ ਹੈ, ਉਸ ਦਾ ਪਾਲਾ ਦੂਰ ਹੋ ਜਾਂਦਾ ਹੈ।
43503	1018	ਆਪ ਪਰ ਕਾ ਕਛੁ ਨ ਜਾਣੈ ਸਦਾ ਸਹਜਿ ਸੁਭਾਇ॥੭॥		Aap Par Kaa Kashh N Jaanai Sadhaa Sehaj Subhaae ||7||	It knows nothing of its own or others'; it is constant in the same quality. ||7||	(ਅੱਗ) ਇਹ ਗੱਲ ਬਿਲਕੁਲ ਨਹੀਂ ਜਾਣਦੀ ਕਿ ਇਹ ਆਪਣਾ ਹੈ ਇਹ ਪਰਾਇਆ ਹੈ, (ਅੱਗ) ਅਡੋਲਤਾ ਵਿਚ ਰਹਿੰਦੀ ਹੈ ਆਪਣੇ ਸੁਭਾਵ ਵਿਚ ਰਹਿੰਦੀ ਹੈ ॥੭॥
43504	1018	ਚਰਣ ਸਰਣ ਸਨਾਥ ਇਹੁ ਮਨੁ ਰੰਗਿ ਰਾਤੇ ਲਾਲ॥		Charan Saran Sanaathh Eihu Man Rang Raathae Laal ||	Whoever seeks the Sancuary of the feet of the Sublime Lord - his mind is attuned to the Love of the Beloved.	(ਹੇ ਮੇਰੇ ਮਨ! ਇਸੇ ਤਰ੍ਹਾਂ ਪਰਮਾਤਮਾ ਦੇ ਸੰਤ ਜਨ) ਪਰਮਾਤਮਾ ਦੇ ਚਰਨਾਂ ਦੀ ਸਰਨ ਵਿਚ ਰਹਿ ਕੇ ਖਸਮ ਵਾਲੇ ਬਣ ਜਾਂਦੇ ਹਨ, ਉਹ ਸੋਹਣੇ ਪ੍ਰਭੂ ਵਿਚ ਰੱਤੇ ਰਹਿੰਦੇ ਹਨ, ਉਹਨਾਂ ਦਾ ਇਹ ਮਨ ਪ੍ਰਭੂ ਦੇ ਪ੍ਰੇਮ-ਰੰਗ ਵਿਚ (ਰੰਗਿਆ ਰਹਿੰਦਾ ਹੈ)।
43505	1018	ਗੋਪਾਲ ਗੁਣ ਨਿਤ ਗਾਉ ਨਾਨਕ ਭਏ ਪ੍ਰਭ ਕਿਰਪਾਲ॥੮॥੩॥		Gopaal Gun Nith Gaao Naanak Bheae Prabh Kirapaal ||8||3||	Constantly singing the Glorious Praises of the Lord of the World, O Nanak, God becomes merciful to us. ||8||3||	(ਹੇ ਮੇਰੇ ਮਨ! ਤੂੰ ਭੀ) ਗੋਪਾਲ ਪ੍ਰਭੂ ਦੇ ਗੁਣ ਗਾਂਦਾ ਰਿਹਾ ਕਰ। ਹੇ ਨਾਨਕ! (ਜਿਹੜੇ ਗੁਣ ਗਾਂਦੇ ਹਨ, ਉਹਨਾਂ ਉੱਤੇ) ਪ੍ਰਭੂ ਜੀ ਦਇਆਵਾਨ ਹੋ ਜਾਂਦੇ ਹਨ ॥੮॥੩॥

43506	1018	ਮਾਰੂ ਮਹਲਾ ੫ ਘਰੁ ੪ ਅਸਟਪਦੀਆ	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Maaroo Mehalaa 5 Ghar 4 Asattapadheeaa	Maaroo, Fifth Mehl, Fourth House, Ashtapadees:	ਰਾਗ ਮਾਰੂ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
43507	1018	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
43508	1018	ਚਾਦਨਾ ਚਾਦਨੁ ਆਂਗਨਿ ਪ੍ਰਭ ਜੀਉ ਅੰਤਰਿ ਚਾਦਨਾ॥੧॥	ਚਾਂਦਨਾ, ਚਾਂਦਨੁ	Chaadhanaa Chaadhan Aangan Prabh Jeeo Anthar Chaadhanaa ||1||	Moonlight, moonlight - in the courtyard of the mind, let the moonlight of God shine down. ||1||	(ਲੋਕ ਖ਼ੁਸ਼ੀ ਆਦਿਕ ਦੇ ਮੌਕੇ ਤੇ ਘਰਾਂ ਵਿਚ ਦੀਵੇ ਆਦਿਕ ਬਾਲ ਕੇ ਚਾਨਣ ਕਰਦੇ ਹਨ, ਪਰ ਮਨੁੱਖ ਦੇ) ਹਿਰਦੇ ਵਿਚ ਪਰਮਾਤਮਾ ਦੇ ਨਾਮ ਦਾ ਚਾਨਣ ਹੋ ਜਾਣਾ-ਇਹ ਵਿਹੜੇ ਵਿਚ ਹੋਰ ਸਭ ਚਾਨਣਾਂ ਨਾਲੋਂ ਵਧੀਆ ਚਾਨਣ ਹੈ ॥੧॥
43509	1018	ਆਰਾਧਨਾ ਅਰਾਧਨੁ ਨੀਕਾ ਹਰਿ ਹਰਿ ਨਾਮੁ ਅਰਾਧਨਾ॥੨॥		Aaraadhhanaa Araadhhan Neekaa Har Har Naam Araadhhanaa ||2||	Meditation, meditation - sublime is meditation on the Name of the Lord, Har, Har. ||2||	ਸਦਾ ਪਰਮਾਤਮਾ ਦਾ ਹੀ ਨਾਮ ਸਿਮਰਨਾ-ਇਹ ਹੋਰ ਸਾਰੇ ਸਿਮਰਨਾਂ ਨਾਲੋਂ ਸੋਹਣਾ ਸਿਮਰਨ ਹੈ ॥੨॥

43510	1018	ਤਿਆਗਨਾ ਤਿਆਗਨੁ ਨੀਕਾ ਕਾਮੁ ਕ੍ਰੋਧੁ ਲੋਭੁ ਤਿਆਗਨਾ॥੩॥		Thiaaganaa Thiaagan Neekaa Kaam Krodhh Lobh Thiaaganaa ||3||	Renunciation, renunciation - noble is the renunciation of sexual desire, anger and greed. ||3||	(ਮਾਇਆ ਦੇ ਮੋਹ ਵਿਚੋਂ ਨਿਕਲਣ ਲਈ ਲੋਕ ਗ੍ਰਿਹਸਤ ਤਿਆਗ ਜਾਂਦੇ ਹਨ, ਪਰ) ਕਾਮ ਕ੍ਰੋਧ ਲੋਭ (ਆਦਿਕ ਵਿਕਾਰਾਂ ਨੂੰ ਹਿਰਦੇ ਵਿਚੋਂ) ਤਿਆਗ ਦੇਣਾ-ਇਹ ਹੋਰ ਸਾਰੇ ਤਿਆਗਾਂ ਨਾਲੋਂ ਸ੍ਰੇਸ਼ਟ ਤਿਆਗ ਹੈ ॥੩॥
43511	1018	ਮਾਗਨਾ ਮਾਗਨੁ ਨੀਕਾ ਹਰਿ ਜਸੁ ਗੁਰ ਤੇ ਮਾਗਨਾ॥੪॥		Maaganaa Maagan Neekaa Har Jas Gur Thae Maaganaa ||4||	Begging, begging - it is noble to beg for the Lord's Praise from the Guru. ||4||	ਗੁਰੂ ਪਾਸੋਂ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਖ਼ੈਰ ਮੰਗਣਾ-ਇਹ ਹੋਰ ਸਾਰੀਆਂ ਮੰਗਾਂ ਨਾਲੋਂ ਵਧੀਆ ਮੰਗ ਹੈ ॥੪॥
43512	1018	ਜਾਗਨਾ ਜਾਗਨੁ ਨੀਕਾ ਹਰਿ ਕੀਰਤਨ ਮਹਿ ਜਾਗਨਾ॥੫॥		Jaaganaa Jaagan Neekaa Har Keerathan Mehi Jaaganaa ||5||	Vigils, vigils - sublime is the vigil spent singing the Kirtan of the Lord's Praises. ||5||	(ਦੇਵੀ ਆਦਿਕ ਦੀ ਪੂਜਾ ਵਾਸਤੇ ਲੋਕ ਜਾਗਰੇ ਕਰਦੇ ਹਨ, ਪਰ) ਪਰਮਾਤਮਾ ਦੀ ਸਿਫ਼ਤ-ਸਾਲਾਹ ਵਿਚ ਜਾਗਣਾ-ਇਹ ਹੋਰ ਜਾਗਰਿਆਂ ਨਾਲੋਂ ਉੱਤਮ ਜਾਗਰਾ ਹੈ ॥੫॥
43513	1018	ਲਾਗਨਾ ਲਾਗਨੁ ਨੀਕਾ ਗੁਰ ਚਰਣੀ ਮਨੁ ਲਾਗਨਾ॥੬॥		Laaganaa Laagan Neekaa Gur Charanee Man Laaganaa ||6||	Attachment, attachment - sublime is the attachment of the mind to the Guru's Feet. ||6||	ਗੁਰੂ ਦੇ ਚਰਨਾਂ ਵਿਚ ਮਨ ਦਾ ਪਿਆਰ ਬਣ ਜਾਣਾ-ਇਹ ਹੋਰ ਸਾਰੀਆਂ ਲਗਨਾਂ ਨਾਲੋਂ ਵਧੀਆ ਲਗਨ ਹੈ ॥੬॥

43514	1018	ਇਹ ਬਿਧਿ ਤਿਸਹਿ ਪਰਾਪਤੇ ਜਾ ਕੈ ਮਸਤਕਿ ਭਾਗਨਾ॥੭॥		Eih Bidhh Thisehi Paraapathae Jaa Kai Masathak Bhaaganaa ||7||	He alone is blessed with this way of life, upon whose forehead such destiny is recorded. ||7||	ਪਰ, ਇਹ ਜੁਗਤਿ ਉਸੇ ਹੀ ਮਨੁੱਖ ਨੂੰ ਪ੍ਰਾਪਤ ਹੁੰਦੀ ਹੈ, ਜਿਸ ਦੇ ਮੱਥੇ ਉੱਤੇ ਭਾਗ ਜਾਗ ਪੈਣ ॥੭॥
43515	1018	ਕਹੁ ਨਾਨਕ ਤਿਸੁ ਸਭੁ ਕਿਛੁ ਨੀਕਾ ਜੋ ਪ੍ਰਭ ਕੀ ਸਰਨਾਗਨਾ॥੮॥੧॥੪॥		Kahu Naanak This Sabh Kishh Neekaa Jo Prabh Kee Saranaaganaa ||8||1||4||	Says Nanak, everything is sublime and noble, for one who enters the Sanctuary of God. ||8||1||4||	ਨਾਨਕ ਆਖਦਾ ਹੈ- ਜਿਹੜਾ ਮਨੁੱਖ ਪਰਮਾਤਮਾ ਦੀ ਸਰਨ ਵਿਚ ਆ ਜਾਂਦਾ ਹੈ, ਉਸ ਨੂੰ ਹਰੇਕ ਸੋਹਣਾ ਗੁਣ ਪ੍ਰਾਪਤ ਹੋ ਜਾਂਦਾ ਹੈ ॥੮॥੧॥੪॥
43516	1018	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	ਹੇ ਪਿਆਰੇ ਗੁਰੂ! ਆ।
43517	1018	ਆਉ ਜੀ ਤੂ ਆਉ ਹਮਾਰੈ ਹਰਿ ਜਸੁ ਸ੍ਰਵਨ ਸੁਨਾਵਨਾ॥੧॥ਰਹਾਉ ॥		Aao Jee Thoo Aao Hamaarai Har Jas Sravan Sunaavanaa ||1|| Rehaao ||	Please come O please come into the home of my heart that I may hear with my ears the Lord's Praises. ||1||Pause||	ਮੇਰੇ ਹਿਰਦੇ-ਘਰ ਵਿਚ ਆ ਵੱਸ, ਤੇ, ਮੇਰੇ ਕੰਨਾਂ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣਾ ॥੧॥ ਰਹਾਉ ॥

43518	1018	ਤੁਧੁ ਆਵਤ ਮੇਰਾ ਮਨੁ ਤਨੁ ਹਰਿਆ ਹਰਿ ਜਸੁ ਤੁਮ ਸੰਗਿ ਗਾਵਨਾ॥੧॥		Thudhh Aavath Maeraa Man Than Hariaa Har Jas Thum Sang Gaavanaa ||1||	With your coming, my soul and body are rejuvenated, and I sing with you the Lord's Praises. ||1||	ਹੇ ਪਿਆਰੇ ਗੁਰੂ! ਤੇਰੇ ਆਇਆਂ ਮੇਰਾ ਮਨ ਮੇਰਾ ਤਨ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ। ਹੇ ਸਤਿਗੁਰੂ! ਤੇਰੇ ਚਰਨਾਂ ਵਿਚ ਰਹਿ ਕੇ ਹੀ ਪਰਮਾਤਮਾ ਦਾ ਜਸ ਗਾਇਆ ਜਾ ਸਕਦਾ ਹੈ ॥੧॥
43519	1018	ਸੰਤ ਕ੍ਰਿਪਾ ਤੇ ਹਿਰਦੈ ਵਾਸੈ ਦੂਜਾ ਭਾਉ ਮਿਟਾਵਨਾ॥੨॥		Santh Kirapaa Thae Hiradhai Vaasai Dhoojaa Bhaao Mittaavanaa ||2||	By the Grace of the Saint, the Lord dwells within the heart, and the love of duality is eradicated. ||2||	ਗੁਰੂ ਦੀ ਮਿਹਰ ਨਾਲ ਪਰਮਾਤਮਾ ਹਿਰਦੇ ਵਿਚ ਆ ਵੱਸਦਾ ਹੈ, ਤੇ ਮਾਇਆ ਦਾ ਮੋਹ ਦੂਰ ਕੀਤਾ ਜਾ ਸਕਦਾ ਹੈ ॥੨॥
43520	1018	ਭਗਤ ਦਇਆ ਤੇ ਬੁਧਿ ਪਰਗਾਸੈ ਦੁਰਮਤਿ ਦੂਖ ਤਜਾਵਨਾ॥੩॥		Bhagath Dhaeiaa Thae Budhh Paragaasai Dhuramath Dhookh Thajaavanaa ||3||	By the kindness of the devotee, the intellect is enlightened, and pain and evil-mindedness are eradicated. ||3||	ਪਰਮਾਤਮਾ ਦੇ ਭਗਤ ਦੀ ਕਿਰਪਾ ਨਾਲ ਬੁੱਧੀ ਵਿਚ ਆਤਮਕ ਜੀਵਨ ਦਾ ਚਾਨਣ ਹੋ ਜਾਂਦਾ ਹੈ, ਖੋਟੀ ਮੱਤ ਦੇ ਸਾਰੇ ਵਿਕਾਰ ਤਿਆਗੇ ਜਾਂਦੇ ਹਨ ॥੩॥
43521	1018	ਦਰਸਨੁ ਭੇਟਤ ਹੋਤ ਪੁਨੀਤਾ ਪੁਨਰਪਿ ਗਰਭਿ ਨ ਪਾਵਨਾ॥੪॥		Dharasan Bhaettath Hoth Puneethaa Punarap Garabh N Paavanaa ||4||	Beholding the Blessed Vision of His Darshan, one is sanctified, and is no longer consigned to the womb of reincarnation. ||4||	ਗੁਰੂ ਦਾ ਦਰਸਨ ਕਰਦਿਆਂ ਜੀਵਨ ਪਵਿੱਤਰ ਹੋ ਜਾਂਦਾ ਹੈ, ਮੁੜ ਮੁੜ ਜੂਨਾਂ ਦੇ ਗੇੜ ਵਿਚ ਨਹੀਂ ਪਈਦਾ ॥੪॥

43522	1018	ਨਉ ਨਿਧਿ ਰਿਧਿ ਸਿਧਿ ਪਾਈ ਜੋ ਤੁਮਰੈ ਮਨਿ ਭਾਵਨਾ॥੫॥		No Nidhh Ridhh Sidhh Paaee Jo Thumarai Man Bhaavanaa ||5||	The nine treasures, wealth and miraculous spiritual powers are obtained, by one who is pleasing to Your mind. ||5||	ਹੇ ਪ੍ਰਭੂ! ਜਿਹੜਾ (ਵਡਭਾਗੀ) ਮਨੁੱਖ ਤੇਰੇ ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ, ਉਹ, (ਮਾਨੋ) ਦੁਨੀਆ ਦੇ ਸਾਰੇ ਹੀ ਨੌ ਖ਼ਜ਼ਾਨੇ ਅਤੇ ਕਰਾਮਾਤੀ ਤਾਕਤਾਂ ਹਾਸਲ ਕਰ ਲੈਂਦਾ ਹੈ ॥੫॥
43523	1018	ਸੰਤ ਬਿਨਾ ਮੈ ਥਾਉ ਨ ਕੋਈ ਅਵਰ ਨ ਸੂਝੈ ਜਾਵਨਾ॥੬॥		Santh Binaa Mai Thhaao N Koee Avar N Soojhai Jaavanaa ||6||	Without the Saint, I have no place of rest at all; I cannot think of any other place to go. ||6||	ਗੁਰੂ ਤੋਂ ਬਿਨਾ ਮੇਰਾ ਹੋਰ ਕੋਈ ਆਸਰਾ ਨਹੀਂ, ਕਿਸੇ ਹੋਰ ਥਾਂ ਜਾਣਾ ਮੈਨੂੰ ਨਹੀਂ ਸੁੱਝਦਾ ॥੬॥
43524	1018	ਮੋਹਿ ਨਿਰਗੁਨ ਕਉ ਕੋਇ ਨ ਰਾਖੈ ਸੰਤਾ ਸੰਗਿ ਸਮਾਵਨਾ॥੭॥		Mohi Niragun Ko Koe N Raakhai Santhaa Sang Samaavanaa ||7||	I am unworthy; no one gives me sanctuary. But in the Society of the Saints, I merge in God. ||7||	ਮੇਰੀ ਗੁਣ-ਹੀਨ ਦੀ (ਗੁਰੂ ਤੋਂ ਬਿਨਾ) ਹੋਰ ਕੋਈ ਬਾਂਹ ਨਹੀਂ ਫੜਦਾ। ਸੰਤ ਜਨਾਂ ਦੀ ਸੰਗਤ ਵਿਚ ਰਹਿ ਕੇ ਹੀ ਪ੍ਰਭੂ-ਚਰਨਾਂ ਵਿਚ ਲੀਨ ਹੋਈਦਾ ਹੈ ॥੭॥
43525	1018	ਕਹੁ ਨਾਨਕ ਗੁਰਿ ਚਲਤੁ ਦਿਖਾਇਆ ਮਨ ਮਧੇ ਹਰਿ ਹਰਿ ਰਾਵਨਾ॥੮॥੨॥੫॥		Kahu Naanak Gur Chalath Dhikhaaeiaa Man Madhhae Har Har Raavanaa ||8||2||5||	Says Nanak, the Guru has revealed this miracle; within my mind, I enjoy the Lord, Har, Har. ||8||2||5||	ਨਾਨਕ ਆਖਦਾ ਹੈ- ਗੁਰੂ ਨੇ (ਮੈਨੂੰ) ਅਚਰਜ ਤਮਾਸ਼ਾ ਵਿਖਾ ਦਿੱਤਾ ਹੈ। ਮੈਂ ਆਪਣੇ ਮਨ ਵਿਚ ਹਰ ਵੇਲੇ ਪਰਮਾਤਮਾ ਦੇ ਮਿਲਾਪ ਦਾ ਆਨੰਦ ਮਾਣ ਰਿਹਾ ਹਾਂ ॥੮॥੨॥੫॥

43526	1019	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
43527	1019	ਜੀਵਨਾ ਸਫਲ ਜੀਵਨ ਸੁਨਿ ਹਰਿ ਜਪਿ ਜਪਿ ਸਦ ਜੀਵਨਾ॥੧॥ਰਹਾਉ॥		Jeevanaa Safal Jeevan Sun Har Jap Jap Sadh Jeevanaa ||1|| Rehaao ||	Fruitful is the life, the life of one who hears about the Lord, and chants and meditates on Him; he lives forever. ||1||Pause||	ਜੀਊਣ ਵਿਚੋਂ ਉਸ ਮਨੁੱਖ ਦਾ ਜੀਊਣਾ ਕਾਮਯਾਬ ਹੈ ਜਿਹੜਾ ਹਰਿ-ਨਾਮ ਸੁਣ ਕੇ ਸਦਾ ਹਰਿ-ਨਾਮ ਜਪ ਕੇ ਜੀਊਂਦਾ ਹੈ ॥੧॥ ਰਹਾਉ ॥
43528	1019	ਪੀਵਨਾ ਜਿਤੁ ਮਨੁ ਆਘਾਵੈ ਨਾਮੁ ਅੰਮ੍ਰਿਤ ਰਸੁ ਪੀਵਨਾ॥੧॥		Peevanaa Jith Man Aaghaavai Naam Anmrith Ras Peevanaa ||1||	The real drink is that which satisfies the mind; this drink is the sublime essence of the Ambrosial Naam. ||1||	ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਰਸ ਪੀਣਾ ਚਾਹੀਦਾ ਹੈ, ਇਹ ਪੀਣ ਐਸਾ ਹੈ ਕਿ ਇਸ ਦੀ ਰਾਹੀਂ ਮਨ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜਿਆ ਰਹਿੰਦਾ ਹੈ ॥੧॥
43529	1019	ਖਾਵਨਾ ਜਿਤੁ ਭੂਖ ਨ ਲਾਗੈ ਸੰਤੋਖਿ ਸਦਾ ਤ੍ਰਿਪਤੀਵਨਾ॥੨॥		Khaavanaa Jith Bhookh N Laagai Santhokh Sadhaa Thripatheevanaa ||2||	The real food is that which will never leave you hungry again; it will leave you contented and satisfied forever. ||2||	ਨਾਮ-ਭੋਜਨ ਨੂੰ ਹੀ ਜਿੰਦ ਦੀ ਖ਼ੁਰਾਕ ਬਣਾਣਾ ਚਾਹੀਦਾ ਹੈ ਕਿਉਂਕਿ ਇਸ ਦੀ ਬਰਕਤਿ ਨਾਲ ਮਾਇਆ ਵਾਲੀ ਭੁੱਖ ਨਹੀਂ ਲੱਗਦੀ, ਸੰਤੋਖ ਵਿਚ ਸਦਾ ਰੱਜੇ ਰਹੀਦਾ ਹੈ ॥੨॥
43530	1019	ਪੈਨਣਾ ਰਖੁ ਪਤਿ ਪਰਮੇਸੁਰ ਫਿਰਿ ਨਾਗੇ ਨਹੀ ਥੀਵਨਾ॥੩॥	ਪੈਨ੍ਣਾ	Painanaa Rakh Path Paramaesur Fir Naagae Nehee Thheevanaa ||3||	The real clothes are those which protect your honor before the Transcendent Lord, and do not leave you naked ever again. ||3||	ਹੇ ਜਿੰਦੇ! ਪਤੀ-ਪਰਮੇਸਰ ਦਾ ਨਾਮ-ਕੱਪੜਾ ਹੀ ਸਿਰ ਉੱਤੇ ਰੱਖ, ਫਿਰ ਕਦੇ ਸਿਰੋਂ ਨੰਗੇ ਨਹੀਂ ਹੋ ਸਕੀਦਾ ਹੈ ॥੩॥

43531	1019	ਭੋਗਨਾ ਮਨ ਮਧੇ ਹਰਿ ਰਸੁ ਸੰਤਸੰਗਤਿ ਮਹਿ ਲੀਵਨਾ॥੪॥		Bhoganaa Man Madhhae Har Ras Santhasangath Mehi Leevanaa ||4||	The real enjoyment within the mind is to be absorbed in the sublime essence of the Lord, in the Society of the Saints. ||4||	ਮਨ ਵਿਚ ਹਰਿ-ਨਾਮ ਰਸ ਨੂੰ ਹੀ ਮਾਣਨਾ ਚਾਹੀਦਾ ਹੈ, ਸੰਤਾਂ ਦੀ ਸੰਗਤ ਵਿਚ ਰਹਿ ਕੇ ਨਾਮ-ਰਸ ਹੀ ਪੀਣਾ ਚਾਹੀਦਾ ਹੈ ॥੪॥
43532	1019	ਬਿਨੁ ਤਾਗੇ ਬਿਨੁ ਸੂਈ ਆਨੀ ਮਨੁ ਹਰਿ ਭਗਤੀ ਸੰਗਿ ਸੀਵਨਾ॥੫॥		Bin Thaagae Bin Sooee Aanee Man Har Bhagathee Sang Seevanaa ||5||	Sew devotional worship to the Lord into the mind, without any needle or thread. ||5||	(ਕਿਸੇ ਸੂਈ ਦੀ ਲੋੜ ਨਹੀਂ ਪੈਂਦੀ, ਕਿਸੇ ਧਾਗੇ ਦੀ ਲੋੜ ਨਹੀਂ ਪੈਂਦੀ; ਜਿਉਂ ਜਿਉਂ ਨਾਮ ਜਪਦੇ ਰਹੀਏ) ਬਿਨਾ ਸੂਈ ਧਾਗਾ ਲਿਆਉਣ ਦੇ ਮਨ ਪਰਮਾਤਮਾ ਦੀ ਭਗਤੀ ਵਿਚ ਸੀਤਾ ਜਾਂਦਾ ਹੈ ॥੫॥
43533	1019	ਮਾਤਿਆ ਹਰਿ ਰਸ ਮਹਿ ਰਾਤੇ ਤਿਸੁ ਬਹੁੜਿ ਨ ਕਬਹੂ ਅਉਖੀਵਨਾ॥੬॥	ਅਉ-ਖੀਵਨਾ ਦੁਖੀ। ਮੱਤਿਆ। (ਦੂਜਾ ਪਾਠ: ਅਉ ਖੀਵਨਾ)	Maathiaa Har Ras Mehi Raathae This Bahurr N Kabehoo Aoukheevanaa ||6||	Imbued and intoxicated with the sublime essence of the Lord, this experience will never wear off again. ||6||	ਜਿਹੜੇ ਮਨੁੱਖ ਪਰਮਾਤਮਾ ਦੇ ਨਾਮ-ਰਸ ਵਿਚ ਰੰਗੇ ਜਾਂਦੇ ਹਨ ਉਹ ਅਸਲ ਨਸ਼ੇ ਵਿਚ ਮਸਤ ਹਨ; ਇਹ ਨਸ਼ਾ ਮੁੜ ਕਦੇ ਭੀ ਘਟਦਾ ਨਹੀਂ ॥੬॥
43534	1019	ਮਿਲਿਓ ਤਿਸੁ ਸਰਬ ਨਿਧਾਨਾ ਪ੍ਰਭਿ ਕ੍ਰਿਪਾਲਿ ਜਿਸੁ ਦੀਵਨਾ॥੭॥		Miliou This Sarab Nidhhaanaa Prabh Kirapaal Jis Dheevanaa ||7||	One is blessed with all treasures, when God, in His Mercy, gives them. ||7||	ਪਰ, ਕਿਰਪਾਲ ਪ੍ਰਭੂ ਨੇ ਆਪ ਜਿਸ ਜੀਵ ਨੂੰ ਇਹ ਨਾਮ- ਦਾਤ ਦਿੱਤੀ ਉਸ ਨੂੰ ਹੀ ਸਾਰੇ ਖ਼ਜ਼ਾਨਿਆਂ ਦਾ ਮਾਲਕ (ਪ੍ਰਭੂ) ਮਿਲ ਪਿਆ ॥੭॥

43535	1019	ਸੁਖੁ ਨਾਨਕ ਸੰਤਨ ਕੀ ਸੇਵਾ ਚਰਣ ਸੰਤ ਧੋਇ ਪੀਵਨਾ॥੮॥੩॥੬॥		Sukh Naanak Santhan Kee Saevaa Charan Santh Dhhoe Peevanaa ||8||3||6||	O Nanak, service to the Saints beings peace; I drink in the wash water of the feet of the Saints. ||8||3||6||	ਹੇ ਨਾਨਕ! ਅਸਲ ਆਤਮਕ ਆਨੰਦ ਸੰਤ ਜਨਾਂ ਦੀ ਸੇਵਾ ਕਰਨ ਵਿਚ ਹੀ ਹੈ, ਸੰਤਾਂ ਦੇ ਚਰਨ ਧੋ ਕੇ ਪੀਣ ਵਿਚ ਹੈ (ਭਾਵ, ਗ਼ਰੀਬੀ-ਭਾਵ ਨਾਲ ਸੰਤਾਂ ਦੀ ਸੇਵਾ ਵਿਚ ਹੀ ਸੁਖ ਹੈ) ॥੮॥੩॥੬॥
43536	1019	ਮਾਰੂ ਮਹਲਾ ੫ ਘਰੁ ੮ ਅੰਜੁਲੀਆ		Maaroo Mehalaa 5 Ghar 8 Anjuleeaa	Maaroo, Fifth Mehl, Eighth House, Anjulees ~ With Hands Cupped In Prayer:	ਰਾਗ ਮਾਰੂ, ਘਰ ੮ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਅੰਜੁਲੀਆਂ'।
43537	1019	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
43538	1019	ਜਿਸੁ ਗ੍ਰਿਹਿ ਬਹੁਤੁ ਤਿਸੈ ਗ੍ਰਿਹਿ ਚਿੰਤਾ॥		Jis Grihi Bahuth Thisai Grihi Chinthaa ||	The household which is filled with abundance - that household suffers anxiety.	ਜਿਸ ਮਨੁੱਖ ਦੇ ਘਰ ਵਿਚ ਬਹੁਤ ਮਾਇਆ ਹੁੰਦੀ ਹੈ, ਉਸ ਮਨੁੱਖ ਦੇ (ਹਿਰਦੇ-) ਘਰ ਵਿਚ (ਹਰ ਵੇਲੇ) ਚਿੰਤਾ ਰਹਿੰਦੀ ਹੈ (ਕਿ ਕਿਤੇ ਖੁੱਸ ਨਾਹ ਜਾਏ)।
43539	1019	ਜਿਸੁ ਗ੍ਰਿਹਿ ਥੋਰੀ ਸੁ ਫਿਰੈ ਭ੍ਰਮੰਤਾ॥		Jis Grihi Thhoree S Firai Bhramanthaa ||	One whose household has little, wanders around searching for more.	ਜਿਸ ਮਨੁੱਖ ਦੇ ਘਰ ਵਿਚ ਥੋੜੀ ਮਾਇਆ ਹੈ ਉਹ ਮਨੁੱਖ (ਮਾਇਆ ਦੀ ਖ਼ਾਤਰ) ਭਟਕਦਾ ਫਿਰਦਾ ਹੈ।

43540	1019	ਦੁਹੂ ਬਿਵਸਥਾ ਤੇ ਜੋ ਮੁਕਤਾ ਸੋਈ ਸੁਹੇਲਾ ਭਾਲੀਐ॥੧॥		Dhuhoo Bivasathhaa Thae Jo Mukathaa Soee Suhaelaa Bhaaleeai ||1||	He alone is happy and at peace, who is liberated from both conditions. ||1||	ਜਿਹੜਾ ਮਨੁੱਖ ਇਹਨਾਂ ਦੋਹਾਂ ਹਾਲਤਾਂ ਤੋਂ ਬਚਿਆ ਰਹਿੰਦਾ ਹੈ, ਉਹੀ ਮਨੁੱਖ ਸੌਖਾ ਵੇਖੀਦਾ ਹੈ ॥੧॥
43541	1019	ਗ੍ਰਿਹ ਰਾਜ ਮਹਿ ਨਰਕੁ ਉਦਾਸ ਕਰੋਧਾ॥		Grih Raaj Mehi Narak Oudhaas Karodhhaa ||	Householders and kings fall into hell, along with renunciates and angry men,	ਜਿਹੜਾ ਮਨੁੱਖ ਗ੍ਰਿਹਸਤ ਦੇ ਐਸ਼੍ਵਰਜ ਵਿਚ ਰੁੱਝਾ ਹੋਇਆ ਹੈ, ਉਹ (ਅਸਲ ਵਿਚ) ਨਰਕ (ਭੋਗ ਰਿਹਾ ਹੈ); ਜਿਹੜਾ ਮਨੁੱਖ (ਗ੍ਰਿਹਸਤ ਦੇ ਜੰਜਾਲਾਂ ਦਾ) ਤਿਆਗ ਕਰ ਗਿਆ ਹੈ ਉਹ ਸਦਾ ਕ੍ਰੋਧ ਦਾ ਸ਼ਿਕਾਰ ਹੋਇਆ ਰਹਿੰਦਾ ਹੈ,
43542	1019	ਬਹੁ ਬਿਧਿ ਬੇਦ ਪਾਠ ਸਭਿ ਸੋਧਾ॥	ਬਿਧਿ: ਪੋਲਾ ਬੋਲੋ	Bahu Bidhh Baedh Paath Sabh Sodhhaa ||	And all those who study and recite the Vedas in so many ways.	ਭਾਵੇਂ ਉਸ ਨੇ ਕਈ ਤਰੀਕਿਆਂ ਨਾਲ ਸਾਰੇ ਵੇਦ-ਪਾਠ ਸੋਧੇ ਹੋਣ।
43543	1019	ਦੇਹੀ ਮਹਿ ਜੋ ਰਹੈ ਅਲਿਪਤਾ ਤਿਸੁ ਜਨ ਕੀ ਪੂਰਨ ਘਾਲੀਐ॥੨॥	ਅ-ਲਿਪਤਾ	Dhaehee Mehi Jo Rehai Alipathaa This Jan Kee Pooran Ghaaleeai ||2||	Perfect is the work of that humble servant, who remains unattached while in the body. ||2||	ਉਸ ਮਨੁੱਖ ਦੀ ਹੀ ਮਿਹਨਤ ਸਿਰੇ ਚੜ੍ਹਦੀ ਹੈ ਜੋ ਸਰੀਰ ਦੀ ਖ਼ਾਤਰ ਕਿਰਤ-ਕਾਰ ਕਰਦਿਆਂ ਹੀ (ਮਾਇਆ ਵਲੋਂ) ਨਿਰਲੇਪ ਰਹਿੰਦਾ ਹੈ ॥੨॥

43544	1019	ਜਾਗਤ ਸੂਤਾ ਭਰਮਿ ਵਿਗੂਤਾ॥		Jaagath Soothaa Bharam Vigoothaa ||	The mortal sleeps, even while he is awake; he is being plundered by doubt.	(ਜਿਹੜਾ ਮਨੁੱਖ ਹਉਮੈ ਦੇ ਬੰਧਨਾਂ ਨਾਲ ਬੱਝਾ ਪਿਆ ਹੈ ਉਹ) ਜਾਗਦਾ ਸੁੱਤਾ ਹਰ ਵੇਲੇ ਹੀ ਭਟਕਣਾ ਵਿਚ ਪੈ ਕੇ ਖ਼ੁਆਰ ਹੁੰਦਾ ਹੈ।
43545	1019	ਬਿਨੁ ਗੁਰ ਮੁਕਤਿ ਨ ਹੋਈਐ ਮੀਤਾ॥		Bin Gur Mukath N Hoeeai Meethaa ||	Without the Guru, liberation is not obtained, friend.	ਹੇ ਮਿੱਤਰ! ਗੁਰੂ ਦੀ ਸਰਨ ਤੋਂ ਬਿਨਾ ਇਹਨਾਂ ਬੰਧਨਾਂ ਤੋਂ ਖ਼ਲਾਸੀ ਨਹੀਂ ਹੁੰਦੀ।
43546	1019	ਸਾਧਸੰਗਿ ਤੁਟਹਿ ਹਉ ਬੰਧਨ ਏਕੋ ਏਕੁ ਨਿਹਾਲੀਐ॥੩॥		Saadhhasang Thuttehi Ho Bandhhan Eaeko Eaek Nihaaleeai ||3||	In the Saadh Sangat, the Company of the Holy, the bonds of egotism are released, and one comes to behold the One and only Lord. ||3||	ਜਿਸ ਮਨੁੱਖ ਦੇ ਹਉਮੈ ਦੇ ਬੰਧਨ ਗੁਰੂ ਦੀ ਸੰਗਤ ਵਿਚ ਟਿਕ ਕੇ ਟੁੱਟ ਜਾਂਦੇ ਹਨ, ਉਹ ਹਰ ਥਾਂ ਇਕ ਪਰਮਾਤਮਾ ਨੂੰ ਹੀ ਵੇਖਦਾ ਹੈ ॥੩॥
43547	1019	ਕਰਮ ਕਰੈ ਤ ਬੰਧਾ ਨਹ ਕਰੈ ਤ ਨਿੰਦਾ॥		Karam Karai Th Bandhhaa Neh Karai Th Nindhaa ||	Doing deeds, one is placed in bondage; but if he does not act, he is slandered.	(ਜਿਹੜਾ ਮਨੁੱਖ ਸ਼ਾਸਤ੍ਰਾਂ ਅਨੁਸਾਰ ਮਿਥੇ ਹੋਏ ਧਾਰਮਿਕ) ਕਰਮ ਕਰਦਾ ਰਹਿੰਦਾ ਹੈ ਉਹ ਇਹਨਾਂ ਕਰਮਾਂ ਦੇ ਜਾਲ ਵਿਚ ਜਕੜਿਆ ਰਹਿੰਦਾ ਹੈ, ਤੇ, ਜੇ ਉਹ ਕਿਸੇ ਵੇਲੇ ਇਹ ਕਰਮ ਨਹੀਂ ਕਰਦਾ, ਤਾਂ ਕਰਮ-ਕਾਂਡੀ ਲੋਕ ਉਸ ਦੀ ਨਿੰਦਾ ਕਰਦੇ ਹਨ।

43548	1019	ਮੋਹ ਮਗਨ ਮਨੁ ਵਿਆਪਿਆ ਚਿੰਦਾ॥		Moh Magan Man Viaapiaa Chindhaa ||	Intoxicated with emotional attachment, the mind is afflicted with anxiety.	ਸੋ, ਉਸ ਦਾ ਮਨ ਮੋਹ ਵਿਚ ਡੁੱਬਾ ਰਹਿੰਦਾ ਹੈ ਚਿੰਤਾ ਨਾਲ ਨੱਪਿਆ ਰਹਿੰਦਾ ਹੈ।
43549	1019	ਗੁਰ ਪ੍ਰਸਾਦਿ ਸੁਖੁ ਦੁਖੁ ਸਮ ਜਾਣੈ ਘਟਿ ਘਟਿ ਰਾਮੁ ਹਿਆਲੀਐ॥੪॥		Gur Prasaadh Sukh Dhukh Sam Jaanai Ghatt Ghatt Raam Hiaaleeai ||4||	One who looks alike upon pleasure and pain, by Guru's Grace, sees the Lord in each and every heart. ||4||	ਗੁਰੂ ਦੀ ਕਿਰਪਾ ਨਾਲ ਜਿਹੜਾ ਮਨੁੱਖ ਸੁਖ ਅਤੇ ਦੁੱਖ ਨੂੰ ਇਕੋ ਜਿਹਾ ਸਮਝਦਾ ਹੈ ਉਹ ਹਰੇਕ ਸਰੀਰ ਵਿਚ ਇਕੋ ਪ੍ਰਭੂ ਨੂੰ ਵੱਸਦਾ ਵੇਖਦਾ ਹੈ ॥੪॥
43550	1019	ਸੰਸਾਰੈ ਮਹਿ ਸਹਸਾ ਬਿਆਪੈ॥		Sansaarai Mehi Sehasaa Biaapai ||	Within the world, one is afflicted by skepticism;	ਜਗਤ (ਦੇ ਧੰਧਿਆਂ) ਵਿਚ (ਮਨੁੱਖ ਨੂੰ ਕੋਈ ਨ ਕੋਈ) ਸਹਮ ਨੱਪੀ ਹੀ ਰੱਖਦਾ ਹੈ;
43551	1019	ਅਕਥ ਕਥਾ ਅਗੋਚਰ ਨਹੀ ਜਾਪੈ॥	ਅ-ਕਥ ਕਥਾ: ਪੋਲੇ ਬੋਲੋ	Akathh Kathhaa Agochar Nehee Jaapai ||	He does not know the imperceptible Unspoken Speech of the Lord.	ਉਸ ਨੂੰ ਅਕੱਥ ਅਗੋਚਰ ਪਰਮਾਤਮਾ ਦੀ ਸਿਫ਼ਤ-ਸਾਲਾਹ ਸੁੱਝਦੀ ਹੀ ਨਹੀਂ।
43552	1019	ਜਿਸਹਿ ਬੁਝਾਏ ਸੋਈ ਬੂਝੈ ਓਹੁ ਬਾਲਕ ਵਾਗੀ ਪਾਲੀਐ॥੫॥	(ਵਾਂਗੀ) ਬੁੱਝਾਏ ਬੂੱਝੈ	Jisehi Bujhaaeae Soee Boojhai Ouhu Baalak Vaagee Paaleeai ||5||	He alone understands, whom the Lord inspires to understand. The Lord cherishes him as His child. ||5||	(ਪਰ ਜੀਵ ਦੇ ਕੀਹ ਵੱਸ?) ਉਹੀ ਮਨੁੱਖ (ਜੀਵਨ ਦਾ ਸਹੀ ਰਸਤਾ) ਸਮਝਦਾ ਹੈ ਜਿਸ ਨੂੰ ਪਰਮਾਤਮਾ ਆਪ ਬਖ਼ਸ਼ਦਾ ਹੈ। ਉਸ ਮਨੁੱਖ ਨੂੰ ਪਰਮਾਤਮਾ ਬੱਚੇ ਵਾਂਗ ਪਾਲਦਾ ਹੈ ॥੫॥
43553	1019	ਛੋਡਿ ਬਹੈ ਤਉ ਛੂਟੈ ਨਾਹੀ॥		Shhodd Behai Tho Shhoottai Naahee ||	He may try to abandon Maya, but he is not released.	(ਜਦੋਂ ਕੋਈ ਮਨੁੱਖ ਤਿਆਗੀ ਬਣ ਕੇ ਮਾਇਆ ਨੂੰ ਆਪਣੇ ਵੱਲੋਂ) ਛੱਡ ਬੈਠਦਾ ਹੈ ਤਦੋਂ (ਭੀ ਮਾਇਆ) ਖ਼ਲਾਸੀ ਨਹੀਂ ਕਰਦੀ।

43554	1019	ਜਉ ਸਿੰਚੈ ਤਉ ਭਉ ਮਨ ਮਾਹੀ॥		Jo Sanchai Tho Bho Man Maahee ||	If he collects things, then his mind is afraid of losing them.	ਜਦੋਂ ਕੋਈ ਮਨੁੱਖ ਮਾਇਆ ਇਕੱਠੀ ਕਰਦਾ ਜਾਂਦਾ ਹੈ ਤਦੋਂ (ਇਕੱਠੀ ਕਰਨ ਵਾਲੇ ਦੇ) ਮਨ ਵਿਚ ਡਰ ਬਣਿਆ ਰਹਿੰਦਾ ਹੈ (ਕਿ ਕਿਤੇ ਹੱਥੋਂ ਚਲੀ ਨਾਹ ਜਾਏ)।
43555	1019	ਇਸ ਹੀ ਮਹਿ ਜਿਸ ਕੀ ਪਤਿ ਰਾਖੈ ਤਿਸੁ ਸਾਧੂ ਚਉਰੁ ਢਾਲੀਐ॥੬॥		Eis Hee Mehi Jis Kee Path Raakhai This Saadhhoo Chour Dtaaleeai ||6||	I wave the fly-brush over that holy person, whose honor is protected in the midst of Maya. ||6||	ਇਸ ਮਾਇਆ ਦੇ ਵਿਚ ਰਹਿੰਦਿਆਂ ਹੀ ਪਰਮਾਤਮਾ ਆਪ ਜਿਸ ਮਨੁੱਖ ਦੀ ਇੱਜ਼ਤ ਰੱਖਦਾ ਹੈ, ਉਸ ਗੁਰਮੁਖ ਦੇ ਸਿਰ ਉਤੇ ਚੰਵਰ ਝੁਲਾਇਆ ਜਾਂਦਾ ਹੈ ॥੬॥
43556	1019	ਜੋ ਸੂਰਾ ਤਿਸ ਹੀ ਹੋਇ ਮਰਣਾ॥		Jo Sooraa This Hee Hoe Maranaa ||	He alone is a warrior hero, who remains dead to the world.	ਜਿਹੜਾ ਮਨੁੱਖ ਮਾਇਆ ਦੇ ਟਾਕਰੇ ਤੇ ਸੂਰਮਾ ਬਣਦਾ ਹੈ ਉਸੇ ਨੂੰ ਹੀ ਮਾਇਆ ਵਲੋਂ ਉਪਰਾਮਤਾ ਮਿਲਦੀ ਹੈ;
43557	1019	ਜੋ ਭਾਗੈ ਤਿਸੁ ਜੋਨੀ ਫਿਰਣਾ॥		Jo Bhaagai This Jonee Firanaa ||	One who runs away will wander in reincarnation.	ਪਰ ਜਿਹੜਾ ਮਨੁੱਖ (ਮਾਇਆ ਤੋਂ) ਭਾਂਜ ਖਾ ਜਾਂਦਾ ਹੈ ਉਸ ਨੂੰ ਅਨੇਕਾਂ ਜੂਨਾਂ ਵਿਚ ਭਟਕਣਾ ਪੈਂਦਾ ਹੈ।
43558	1019	ਜੋ ਵਰਤਾਏ ਸੋਈ ਭਲ ਮਾਨੈ ਬੁਝਿ ਹੁਕਮੈ ਦੁਰਮਤਿ ਜਾਲੀਐ॥੭॥	ਬੁੱਝਿ	Jo Varathaaeae Soee Bhal Maanai Bujh Hukamai Dhuramath Jaaleeai ||7||	Whatever happens, accept that as good. Realize the Hukam of His Command, and your evil-mindedness will be burnt away. ||7||	(ਸੂਰਮਾ ਮਨੁੱਖ) ਉਸੇ ਭਾਣੇ ਨੂੰ ਮਿੱਠਾ ਕਰਕੇ ਮੰਨਦਾ ਹੈ ਜਿਹੜਾ ਭਾਣਾ ਪਰਮਾਤਮਾ ਵਰਤਾਂਦਾ ਹੈ; ਉਹ ਮਨੁੱਖ ਰਜ਼ਾ ਨੂੰ ਸਮਝ ਕੇ (ਆਪਣੇ ਅੰਦਰੋਂ) ਖੋਟੀ ਮੱਤ ਨੂੰ ਸਾੜ ਦੇਂਦਾ ਹੈ ॥੭॥

43559	1019	ਜਿਤੁ ਜਿਤੁ ਲਾਵਹਿ ਤਿਤੁ ਤਿਤੁ ਲਗਨਾ॥	ਲੱਗਨਾ	Jith Jith Laavehi Thith Thith Laganaa ||	Whatever He links us to, to that we are linked.	ਹੇ ਪ੍ਰਭੂ! ਤੂੰ ਜਿਸ ਜਿਸ ਕੰਮ ਵਿਚ ਜੀਵਾਂ ਨੂੰ ਲਾਂਦਾ ਹੈਂ, ਉਸੇ ਉਸੇ ਕੰਮ ਵਿਚ ਜੀਵ ਲੱਗਦੇ ਹਨ।
43560	1019	ਕਰਿ ਕਰਿ ਵੇਖੈ ਅਪਣੇ ਜਚਨਾ॥		Kar Kar Vaekhai Apanae Jachanaa ||	He acts, and does, and watches over His Creation.	ਪਰਮਾਤਮਾ ਆਪਣੀ ਮਰਜ਼ੀ ਦੇ ਕੰਮ ਕਰ ਕਰ ਕੇ ਆਪ ਹੀ ਉਹਨਾਂ ਨੂੰ ਵੇਖਦਾ ਹੈ।
43561	1019	ਨਾਨਕ ਕੇ ਪੂਰਨ ਸੁਖਦਾਤੇ ਤੂ ਦੇਹਿ ਤ ਨਾਮੁ ਸਮਾਲੀਐ॥੮॥੧॥੭॥		Naanak Kae Pooran Sukhadhaathae Thoo Dhaehi Th Naam Samaaleeai ||8||1||7||	You are the Giver of peace, the Perfect Lord of Nanak; as You grant Your blessings, I dwell upon Your Name. ||8||1||7||	ਹੇ ਨਾਨਕ ਨੂੰ ਸਾਰੇ ਸੁਖ ਦੇਣ ਵਾਲੇ ਪ੍ਰਭੂ! ਜੇ ਤੂੰ (ਆਪਣੇ ਨਾਮ ਦੀ ਦਾਤਿ) ਦੇਵੇਂ ਤਾਂ ਹੀ ਤੇਰਾ ਨਾਮ ਹਿਰਦੇ ਵਿਚ ਵਸਾਇਆ ਜਾ ਸਕਦਾ ਹੈ ॥੮॥੧॥੭॥
43562	1019	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
43563	1019	ਬਿਰਖੈ ਹੇਠਿ ਸਭਿ ਜੰਤ ਇਕਠੇ॥	ਇਕੱਠੇ	Birakhai Haeth Sabh Janth Eikathae ||	Beneath the tree, all beings have gathered.	(ਜਿਵੇਂ ਸੂਰਜ ਡੁੱਬਣ ਵੇਲੇ ਅਨੇਕਾਂ ਪੰਛੀ ਕਿਸੇ ਰੁੱਖ ਉਤੇ ਆ ਇਕੱਠੇ ਹੁੰਦੇ ਹਨ, ਇਸੇ ਤਰ੍ਹਾਂ) ਇਸ ਆਕਾਸ਼-ਰੁੱਖ ਹੇਠ ਸਾਰੇ ਜੀਵ-ਜੰਤ ਆ ਇਕੱਠੇ ਹੋਏ ਹਨ,
43564	1019	ਇਕਿ ਤਤੇ ਇਕਿ ਬੋਲਨਿ ਮਿਠੇ॥		Eik Thathae Eik Bolan Mithae ||	Some are hot-headed, and some speak very sweetly.	ਕਈ ਖਰ੍ਹਵੇ ਬੋਲਦੇ ਹਨ ਕਈ ਮਿੱਠੇ ਬੋਲ ਬੋਲਦੇ ਹਨ।

43565	1019	ਅਸਤੁ ਉਦੋਤੁ ਭਇਆ ਉਠਿ ਚਲੇ ਜਿਉ ਜਿਉ ਅਉਧ ਵਿਹਾਣੀਆ॥੧॥	ਅਸ-ਤੁ: ਪੋਲਾ ਬੋਲੋ।ਚੱਲੇ	Asath Oudhoth Bhaeiaa Outh Chalae Jio Jio Aoudhh Vihaaneeaa ||1||	Sunset has come, and they rise up and depart; their days have run their course and expired. ||1||	ਡੁੱਬਾ ਹੋਇਆ ਸੂਰਜ ਜਦੋਂ ਆਕਾਸ਼ ਵਿਚ ਮੁੜ ਚੜ੍ਹ ਪੈਂਦਾ ਹੈ ਤਾਂ (ਪੰਛੀ ਰੁੱਖ ਉਤੋਂ) ਉੱਠ ਕੇ ਉੱਡ ਜਾਂਦੇ ਹਨ (ਤਿਵੇਂ ਹੀ) ਜਿਉਂ ਜਿਉਂ (ਜੀਵਾਂ ਦੀ) ਉਮਰ ਮੁੱਕ ਜਾਂਦੀ ਹੈ (ਪੰਛੀਆਂ ਵਾਂਗ ਇਥੋਂ ਕੂਚ ਕਰ ਜਾਂਦੇ ਹਨ) ॥੧॥
43566	1019	ਪਾਪ ਕਰੇਦੜ ਸਰਪਰ ਮੁਠੇ॥	(ਕਰੇਂਦੜ) ਕਰਨ ਵਾਲੇ। ਮੁੱਠੇ	Paap Karaedharr Sarapar Muthae ||	Those who committed sins are sure to be ruined.	ਇਥੇ ਪਾਪ ਕਰਨ ਵਾਲੇ ਜੀਵ (ਆਪਣੇ ਆਤਮਕ ਜੀਵਨ ਦਾ ਸਰਮਾਇਆ) ਜ਼ਰੂਰ ਲੁਟਾ ਜਾਂਦੇ ਹਨ,
43567	1019	ਅਜਰਾਈਲਿ ਫੜੇ ਫੜਿ ਕੁਠੇ॥	(ਕੁਠੇ) ਕੋਹ ਦਿਤੇ।ਕੁੱਠੇ	Ajaraaeel Farrae Farr Kuthae ||	Azraa-eel, the Angel of Death, seizes and tortures them.	ਪਾਪ ਕਰਨ ਵਾਲਿਆਂ ਨੂੰ ਮੌਤ ਦਾ ਫ਼ਰਿਸ਼ਤਾ ਫੜ ਫੜ ਕੇ ਕੁਹੀ ਜਾਂਦਾ ਹੈ।
43568	1020	ਦੋਜਕਿ ਪਾਏ ਸਿਰਜਣਹਾਰੈ ਲੇਖਾ ਮੰਗੈ ਬਾਣੀਆ॥੨॥		Dhojak Paaeae Sirajanehaarai Laekhaa Mangai Baaneeaa ||2||	They are consigned to hell by the Creator Lord, and the Accountant calls them to give their account. ||2||	(ਇਹ ਯਕੀਨ ਜਾਣੋ ਕਿ ਅਜਿਹਾਂ ਨੂੰ) ਸਿਰਜਣਹਾਰ ਨੇ ਦੋਜ਼ਕ ਵਿਚ ਪਾ ਰੱਖਿਆ ਹੈ, ਉਹਨਾਂ ਪਾਸੋਂ ਧਰਮਰਾਜ (ਉਹਨਾਂ ਦੇ ਕੀਤੇ ਕਰਮਾਂ ਦਾ) ਲੇਖਾ ਮੰਗਦਾ ਹੈ ॥੨॥
43569	1020	ਸੰਗਿ ਨ ਕੋਈ ਭਈਆ ਬੇਬਾ॥		Sang N Koee Bheeaa Baebaa ||	No brothers or sisters can go with them.	(ਜਗਤ ਤੋਂ ਕੂਚ ਕਰਨ ਵੇਲੇ) ਨਾਹ ਕੋਈ ਭਰਾ ਨਾਹ ਕੋਈ ਭੈਣ ਕੋਈ ਭੀ ਜੀਵ ਦੇ ਨਾਲ ਨਹੀਂ ਜਾਂਦਾ।
43570	1020	ਮਾਲੁ ਜੋਬਨੁ ਧਨੁ ਛੋਡਿ ਵਞੇਸਾ॥		Maal Joban Dhhan Shhodd Vanjaesaa ||	Leaving behind their property, youth and wealth, they march off.	ਮਾਲ, ਧਨ, ਜਵਾਨੀ-ਹਰੇਕ ਜੀਵ ਜ਼ਰੂਰ ਛੱਡ ਕੇ ਇੱਥੋਂ ਚਲਾ ਜਾਇਗਾ।

43571	1020	ਕਰਣ ਕਰੀਮ ਨ ਜਾਤੋ ਕਰਤਾ ਤਿਲ ਪੀੜੇ ਜਿਉ ਘਾਣੀਆ॥੩॥	(ਜਾਤੋ) ਕਸਕੇ ਬੋਲੋ	Karan Kareem N Jaatho Karathaa Thil Peerrae Jio Ghaaneeaa ||3||	They do not know the kind and compassionate Lord; they shall be crushed like sesame seeds in the oil-press. ||3||	ਜਿਨ੍ਹਾਂ ਮਨੁੱਖਾਂ ਨੇ ਜਗਤ ਰਚਨਹਾਰ ਬਖ਼ਸ਼ਿੰਦਾ ਪ੍ਰਭੂ ਨਾਲ ਡੂੰਘੀ ਸਾਂਝ ਨਹੀਂ ਪਾਈ, ਉਹ (ਦੁੱਖਾਂ ਵਿਚ) ਇਉਂ ਪੀੜੇ ਜਾਂਦੇ ਹਨ ਜਿਵੇਂ ਤਿਲਾਂ ਦੀ ਘਾਣੀ ॥੩॥
43572	1020	ਖੁਸਿ ਖੁਸਿ ਲੈਦਾ ਵਸਤੁ ਪਰਾਈ॥		Khus Khus Laidhaa Vasath Paraaee ||	You happily, cheerfully steal the possessions of others,	ਤੂੰ ਪਰਾਇਆ ਮਾਲ-ਧਨ ਖੋਹ ਖੋਹ ਕੇ ਇਕੱਠਾ ਕਰਦਾ ਰਹਿੰਦਾ ਹੈਂ,
43573	1020	ਵੇਖੈ ਸੁਣੇ ਤੇਰੈ ਨਾਲਿ ਖੁਦਾਈ॥		Vaekhai Sunae Thaerai Naal Khudhaaee ||	But the Lord God is with you, watching and listening.	ਤੇਰੇ ਨਾਲ ਵੱਸਦਾ ਰੱਬ (ਤੇਰੀ ਹਰੇਕ ਕਰਤੂਤ ਨੂੰ) ਵੇਖਦਾ ਹੈ (ਤੇਰੇ ਹਰੇਕ ਬੋਲ ਨੂੰ) ਸੁਣਦਾ ਹੈ।
43574	1020	ਦੁਨੀਆ ਲਬਿ ਪਇਆ ਖਾਤ ਅੰਦਰਿ ਅਗਲੀ ਗਲ ਨ ਜਾਣੀਆ॥੪॥	ਗੱਲ	Dhuneeaa Lab Paeiaa Khaath Andhar Agalee Gal N Jaaneeaa ||4||	Through worldly greed, you have fallen into the pit; you know nothing of the future. ||4||	ਤੂੰ ਦੁਨੀਆ (ਦੇ ਸੁਆਦਾਂ) ਦੇ ਚਸਕੇ ਵਿਚ ਫਸਿਆ ਪਿਆ ਹੈਂ (ਮਾਨੋ ਡੂੰਘੇ) ਟੋਏ ਵਿਚ ਡਿੱਗਾ ਹੋਇਆ ਹੈਂ। ਅਗਾਂਹ ਵਾਪਰਨ ਵਾਲੀ ਗੱਲ ਨੂੰ ਤੂੰ ਸਮਝਦਾ ਹੀ ਨਹੀਂ ॥੪॥
43575	1020	ਜਮਿ ਜਮਿ ਮਰੈ ਮਰੈ ਫਿਰਿ ਜੰਮੈ॥	ਜੰਮਿ ਜੰਮਿ	Jam Jam Marai Marai Fir Janmai ||	You shall be born and born again, and die and die again, only to be reincarnated again.	(ਮਾਇਆ ਦੇ ਮੋਹ ਵਿਚ) ਇਹ ਜੀਵ ਮੁੜ ਮੁੜ ਜੰਮ ਕੇ (ਮੁੜ ਮੁੜ) ਮਰਦਾ ਹੈ, ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ।

43576	1020	ਬਹੁਤੁ ਸਜਾਇ ਪਇਆ ਦੇਸਿ ਲੰਮੈ॥		Bahuth Sajaae Paeiaa Dhaes Lanmai ||	You shall suffer terrible punishment, on your way to the land beyond.	ਇਸ ਨੂੰ ਬਹੁਤ ਸਜ਼ਾ ਮਿਲਦੀ ਹੈ, ਇਹ (ਜਨਮ ਮਰਨ ਦੇ ਗੇੜ ਦੇ) ਲੰਮੇ ਪੈਂਡੇ ਵਿਚ ਪੈ ਜਾਂਦਾ ਹੈ।
43577	1020	ਜਿਨਿ ਕੀਤਾ ਤਿਸੈ ਨ ਜਾਣੀ ਅੰਧਾ ਤਾ ਦੁਖੁ ਸਹੈ ਪਰਾਣੀਆ॥੫॥		Jin Keethaa Thisai N Jaanee Andhhaa Thaa Dhukh Sehai Paraaneeaa ||5||	The mortal does not know the One who created him; he is blind, and so he shall suffer. ||5||	ਜਦੋਂ ਮਨੁੱਖ (ਮਾਇਆ ਦੇ ਮੋਹ ਵਿਚ) ਅੰਨ੍ਹਾ (ਹੋ ਕੇ) ਉਸ ਪਰਮਾਤਮਾ ਨਾਲ ਸਾਂਝ ਨਹੀਂ ਪਾਂਦਾ ਜਿਸ ਨੇ ਇਸ ਨੂੰ ਪੈਦਾ ਕੀਤਾ ਹੈ, ਤਦੋਂ ਇਹ (ਜਨਮ ਮਰਨ ਦੇ ਗੇੜ ਦਾ) ਦੁੱਖ ਸਹਿੰਦਾ ਹੈ ॥੫॥
43578	1020	ਖਾਲਕ ਥਾਵਹੁ ਭੁਲਾ ਮੁਠਾ॥		Khaalak Thhaavahu Bhulaa Muthaa ||	Forgetting the Creator Lord, he is ruined.	ਉਹ ਮਨੁੱਖ ਸਿਰਜਣਹਾਰ ਵੱਲੋਂ ਖੁੰਝਿਆ ਰਹਿੰਦਾ ਹੈ, ਉਹ ਆਪਣੇ ਆਤਮਕ ਜੀਵਨ ਦਾ ਸਰਮਾਇਆ ਲੁਟਾ ਬੈਠਦਾ ਹੈ;
43579	1020	ਦੁਨੀਆ ਖੇਲੁ ਬੁਰਾ ਰੁਠ ਤੁਠਾ॥	ਖੇਲੁ ਰੁੱਠ ਤੁੱਠਾ	Dhuneeaa Khael Buraa Ruth Thuthaa ||	The drama of the world is bad; it brings sadness and then happiness.	ਇਹ ਜਗਤ-ਤਮਾਸ਼ਾ ਉਸ ਨੂੰ ਬੁਰਾ (ਖ਼ੁਆਰ ਕਰਦਾ ਹੈ), ਕਦੇ (ਮਾਇਆ ਗੁਆਚਣ ਤੇ ਇਹ) ਘਬਰਾ ਜਾਂਦਾ ਹੈ, ਕਦੇ ਮਾਇਆ ਮਿਲਣ ਤੇ) ਇਹ ਖ਼ੁਸ਼ ਹੋ ਹੋ ਬਹਿੰਦਾ ਹੈ।
43580	1020	ਸਿਦਕੁ ਸਬੂਰੀ ਸੰਤੁ ਨ ਮਿਲਿਓ ਵਤੈ ਆਪਣ ਭਾਣੀਆ॥੬॥	(ਸਬੂਰੀ) ਸੰਤੋਖ ਵਾਲੇ।ਵੱਤੈਧੱਕੇ ਖਾਂਦਾ	Sidhak Sabooree Santh N Miliou Vathai Aapan Bhaaneeaa ||6||	One who does not meet the Saint does not have faith or contentment; he wanders just as he pleases. ||6||	ਜਿਸ ਮਨੁੱਖ ਨੂੰ ਗੁਰੂ ਨਹੀਂ ਮਿਲਦਾ, ਉਹ ਆਪਣੇ ਮਨ ਦਾ ਮੁਰੀਦ ਹੋ ਕੇ ਭਟਕਦਾ ਫਿਰਦਾ ਹੈ। ਉਸ ਦੇ ਅੰਦਰ ਮਾਇਆ ਵਲੋਂ ਨਾਹ ਸ਼ਾਂਤੀ ਹੈ ਨਾਹ ਸਬਰ ॥੬॥

43581	1020	ਮਉਲਾ ਖੇਲ ਕਰੇ ਸਭਿ ਆਪੇ॥	ਮਉਲਾ: ਪੋਲਾ ਬੋਲੋ। ਖ਼ੇਲ	Moulaa Khael Karae Sabh Aapae ||	The Lord Himself stages all this drama.	(ਪਰ, ਜੀਵਾਂ ਦੇ ਕੀਹ ਵੱਸ?) ਪਰਮਾਤਮਾ ਆਪ ਹੀ ਸਾਰੇ ਖੇਲ ਕਰ ਰਿਹਾ ਹੈ।
43582	1020	ਇਕਿ ਕਢੇ ਇਕਿ ਲਹਰਿ ਵਿਆਪੇ॥		Eik Kadtae Eik Lehar Viaapae ||	Some, he lifts up, and some he throws into the waves.	ਕਈ ਐਸੇ ਹਨ ਜਿਹੜੇ ਮਾਇਆ ਦੇ ਮੋਹ ਦੀਆਂ ਲਹਿਰਾਂ ਵਿਚ ਫਸੇ ਹੋਏ ਹਨ, ਕਈ ਐਸੇ ਹਨ ਜਿਨ੍ਹਾਂ ਨੂੰ ਉਸ ਨੇ ਇਹਨਾਂ ਲਹਿਰਾਂ ਵਿਚੋਂ ਕੱਢ ਲਿਆ ਹੈ।
43583	1020	ਜਿਉ ਨਚਾਏ ਤਿਉ ਤਿਉ ਨਚਨਿ ਸਿਰਿ ਸਿਰਿ ਕਿਰਤ ਵਿਹਾਣੀਆ॥੭॥	ਨੱਚਾਏ	Jio Nachaaeae Thio Thio Nachan Sir Sir Kirath Vihaaneeaa ||7||	As He makes them dance, so do they dance. Everyone lives their lives according to their past actions. ||7||	ਪਰਮਾਤਮਾ ਜਿਵੇਂ ਜਿਵੇਂ ਜੀਵਾਂ ਨੂੰ (ਮਾਇਆ ਦੇ ਹੱਥਾਂ ਤੇ) ਨਚਾਂਦਾ ਹੈ; ਤਿਵੇਂ ਤਿਵੇਂ ਜੀਵ ਨੱਚਦੇ ਹਨ। ਹਰੇਕ ਜੀਵ ਦੇ ਸਿਰ ਉੱਤੇ (ਉਸ ਦੇ ਪਿਛਲੇ ਜਨਮਾਂ ਦੇ ਕੀਤੇ ਕਰਮਾਂ ਦੀ) ਕਮਾਈ ਅਸਰ ਪਾ ਰਹੀ ਹੈ ॥੭॥
43584	1020	ਮਿਹਰ ਕਰੇ ਤਾ ਖਸਮੁ ਧਿਆਈ॥		Mihar Karae Thaa Khasam Dhhiaaee ||	When the Lord and Master grants His Grace, then we meditate on Him.	ਪਰਮਾਤਮਾ ਆਪ ਮਿਹਰ ਕਰੇ, ਤਾਂ ਹੀ ਮੈਂ ਉਸ ਖਸਮ-ਪ੍ਰਭੂ ਨੂੰ ਸਿਮਰ ਸਕਦਾ ਹਾਂ।
43585	1020	ਸੰਤਾ ਸੰਗਤਿ ਨਰਕਿ ਨ ਪਾਈ॥		Santhaa Sangath Narak N Paaee ||	In the Society of the Saints, one is not consigned to hell.	(ਜਿਹੜਾ ਮਨੁੱਖ ਸਿਮਰਦਾ ਹੈ) ਉਹ ਸੰਤ ਜਨਾਂ ਦੀ ਸੰਗਤ ਵਿਚ ਰਹਿ ਕੇ ਨਰਕ ਵਿਚ ਨਹੀਂ ਪੈਂਦਾ।

43586	1020	ਅੰਮ੍ਰਿਤ ਨਾਮ ਦਾਨੁ ਨਾਨਕ ਕਉ ਗੁਣ ਗੀਤਾ ਨਿਤ ਵਖਾਣੀਆ॥੮॥੨॥੮॥੧੨॥੨੦॥	ਗੀਤਾ ਗੀਤ, ਜਸ	Anmrith Naam Dhaan Naanak Ko Gun Geethaa Nith Vakhaaneeaa ||8||2||8||12||20||	Please bless Nanak with the gift of the Ambrosial Naam, the Name of the Lord; he continually sings the songs of Your Glories. ||8||2||8||12||20||	ਹੇ ਪ੍ਰਭੂ! ਨਾਨਕ ਨੂੰ ਆਤਮਕ ਜੀਵਨ ਦੇਣ ਵਾਲਾ ਆਪਣਾ ਨਾਮ-ਦਾਨ ਦੇਹ, (ਤਾ ਕਿ ਮੈਂ ਨਾਨਕ) ਤੇਰੀ ਸਿਫ਼ਤ-ਸਾਲਾਹ ਦੇ ਗੀਤ ਸਦਾ ਗਾਂਦਾ ਰਹਾਂ ॥੮॥੨॥੮॥੧੨॥੨੦॥
43587	1020	ਮਾਰੂ ਸੋਲਹੇ ਮਹਲਾ ੧		Maaroo Solehae Mehalaa 1	Maaroo, Solahas, First Mehl:	ਰਾਗ ਮਾਰੂ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਸੋਹਲੇ' (੧੬ ਬੰਦਾਂ ਵਾਲੀ ਬਾਣੀ)।
43588	1020	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
43589	1020	ਸਾਚਾ ਸਚੁ ਸੋਈ ਅਵਰੁ ਨ ਕੋਈ॥		Saachaa Sach Soee Avar N Koee ||	The True Lord is True; there is no other at all.	ਉਹ ਪਰਮਾਤਮਾ ਹੀ ਸਦਾ-ਥਿਰ ਰਹਿਣ ਵਾਲਾ ਹੈ, ਸਦਾ ਅਟੱਲ ਰਹਿਣ ਵਾਲਾ ਹੈ। ਕੋਈ ਹੋਰ ਉਸ ਵਰਗਾ ਨਹੀਂ ਹੈ।
43590	1020	ਜਿਨਿ ਸਿਰਜੀ ਤਿਨ ਹੀ ਫੁਨਿ ਗੋਈ॥		Jin Sirajee Thin Hee Fun Goee ||	He who created, shall in the end destroy.	ਜਿਸ (ਪ੍ਰਭੂ) ਨੇ (ਇਹ ਰਚਨਾ) ਰਚੀ ਹੈ ਉਸੇ ਨੇ ਹੀ ਮੁੜ ਨਾਸ ਕੀਤਾ ਹੈ (ਉਹੀ ਇਸ ਨੂੰ ਨਾਸ ਕਰਨ ਵਾਲਾ ਹੈ)।

43591	1020	ਜਿਉ ਭਾਵੈ ਤਿਉ ਰਾਖਹੁ ਰਹਣਾ ਤੁਮ ਸਿਉ ਕਿਆ ਮੁਕਰਾਈ ਹੇ॥੧॥		Jio Bhaavai Thio Raakhahu Rehanaa Thum Sio Kiaa Mukaraaee Hae ||1||	As it pleases You, so You keep me, and so I remain; what excuse could I offer to You? ||1||	ਹੇ ਪ੍ਰਭੂ! ਜਿਵੇਂ ਤੈਨੂੰ ਚੰਗਾ ਲੱਗੇ ਤਿਵੇਂ ਸਾਨੂੰ ਜੀਵਾਂ ਨੂੰ ਤੂੰ ਰੱਖਦਾ ਹੈਂ, ਤਿਵੇਂ ਹੀ ਅਸੀਂ ਰਹਿ ਸਕਦੇ ਹਾਂ। ਅਸੀਂ ਜੀਵ ਤੇਰੇ (ਹੁਕਮ) ਅੱਗੇ ਕੋਈ ਨਹਿ-ਨੁੱਕਰ ਨਹੀਂ ਕਰ ਸਕਦੇ ॥੧॥
43592	1020	ਆਪਿ ਉਪਾਏ ਆਪਿ ਖਪਾਏ॥		Aap Oupaaeae Aap Khapaaeae ||	You Yourself create, and You Yourself destroy.	ਪਰਮਾਤਮਾ ਆਪ ਹੀ (ਜੀਵਾਂ ਨੂੰ) ਪੈਦਾ ਕਰਦਾ ਹੈ ਆਪ ਹੀ ਮਾਰਦਾ ਹੈ।
43593	1020	ਆਪੇ ਸਿਰਿ ਸਿਰਿ ਧੰਧੈ ਲਾਏ॥		Aapae Sir Sir Dhhandhhai Laaeae ||	You yourself link each and every person to their tasks.	ਆਪ ਹੀ ਹਰੇਕ ਜੀਵ ਨੂੰ ਉਸ ਦੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਦੁਨੀਆ ਦੇ ਧੰਧੇ ਵਿਚ ਲਾਂਦਾ ਹੈ।
43594	1020	ਆਪੇ ਵੀਚਾਰੀ ਗੁਣਕਾਰੀ ਆਪੇ ਮਾਰਗਿ ਲਾਈ ਹੇ॥੨॥		Aapae Veechaaree Gunakaaree Aapae Maarag Laaee Hae ||2||	You contemplate Yourself, You Yourself make us worthy; You Yourself place us on the Path. ||2||	ਪ੍ਰਭੂ ਆਪ ਹੀ ਜੀਵਾਂ ਦੇ ਕਰਮਾਂ ਨੂੰ ਵਿਚਾਰਨ ਵਾਲਾ ਹੈ, ਆਪ ਹੀ (ਜੀਵਾਂ ਦੇ ਅੰਦਰ) ਗੁਣ ਪੈਦਾ ਕਰਨ ਵਾਲਾ ਹੈ, ਆਪ ਹੀ (ਜੀਵਾਂ ਨੂੰ) ਸਹੀ ਜੀਵਨ-ਰਸਤੇ ਉਤੇ ਲਾਂਦਾ ਹੈ ॥੨॥
43595	1020	ਆਪੇ ਦਾਨਾ ਆਪੇ ਬੀਨਾ॥		Aapae Dhaanaa Aapae Beenaa ||	You Yourself are all-wise, You Yourself are all-knowing.	ਪਰਮਾਤਮਾ ਆਪ ਹੀ ਸਭ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਹੈ,

43596	1020	ਆਪੇ ਆਪੁ ਉਪਾਇ ਪਤੀਨਾ॥		Aapae Aap Oupaae Patheenaa ||	You Yourself created the Universe, and You are pleased.	ਆਪ ਹੀ ਜੀਵਾਂ ਦੇ ਕੀਤੇ ਕਰਮਾਂ ਨੂੰ ਵੇਖਣ ਵਾਲਾ ਹੈ। ਪ੍ਰਭੂ ਆਪ ਹੀ ਆਪਣੇ ਆਪ ਨੂੰ (ਸ੍ਰਿਸ਼ਟੀ ਦੇ ਰੂਪ ਵਿਚ) ਪਰਗਟ ਕਰ ਕੇ (ਆਪ ਹੀ ਇਸ ਨੂੰ ਵੇਖ ਵੇਖ ਕੇ) ਖ਼ੁਸ਼ ਹੋ ਰਿਹਾ ਹੈ।
43597	1020	ਆਪੇ ਪਉਣੁ ਪਾਣੀ ਬੈਸੰਤਰੁ ਆਪੇ ਮੇਲਿ ਮਿਲਾਈ ਹੇ॥੩॥		Aapae Poun Paanee Baisanthar Aapae Mael Milaaee Hae ||3||	You Yourself are the air, water and fire; You Yourself unite in Union. ||3||	ਪਰਮਾਤਮਾ ਆਪ ਹੀ (ਆਪਣੇ ਆਪ ਤੋਂ) ਹਵਾ ਪਾਣੀ ਅੱਗ (ਆਦਿਕ ਤੱਤ ਪੈਦਾ ਕਰਨ ਵਾਲਾ) ਹੈ, ਪ੍ਰਭੂ ਨੇ ਆਪ ਹੀ (ਇਹਨਾਂ ਤੱਤਾਂ ਨੂੰ) ਇਕੱਠਾ ਕਰ ਕੇ ਜਗਤ-ਰਚਨਾ ਕੀਤੀ ਹੈ ॥੩॥
43598	1020	ਆਪੇ ਸਸਿ ਸੂਰਾ ਪੂਰੋ ਪੂਰਾ॥	ਸਸਿ: ਪੋਲਾ ਬੋਲੋ	Aapae Sas Sooraa Pooro Pooraa ||	You Yourself are the moon, the sun, the most perfect of the perfect.	ਹਰ ਥਾਂ ਚਾਨਣ ਦੇਣ ਵਾਲਾ ਪਰਮਾਤਮਾ ਆਪ ਹੀ ਸੂਰਜ ਹੈ ਆਪ ਹੀ ਚੰਦ੍ਰਮਾ ਹੈ,
43599	1020	ਆਪੇ ਗਿਆਨਿ ਧਿਆਨਿ ਗੁਰੁ ਸੂਰਾ॥		Aapae Giaan Dhhiaan Gur Sooraa ||	You Yourself are spiritual wisdom, meditation, and the Guru, the Warrior Hero.	ਪ੍ਰਭੂ ਆਪ ਹੀ ਗਿਆਨ ਦਾ ਮਾਲਕ ਤੇ ਸੁਰਤ ਦਾ ਮਾਲਕ ਸੂਰਮਾ ਗੁਰੂ ਹੈ।

43600	1020	ਕਾਲੁ ਜਾਲੁ ਜਮੁ ਜੋਹਿ ਨ ਸਾਕੈ ਸਾਚੇ ਸਿਉ ਲਿਵ ਲਾਈ ਹੇ॥੪॥		Kaal Jaal Jam Johi N Saakai Saachae Sio Liv Laaee Hae ||4||	The Messenger of Death, and his noose of death, cannot touch one, who is lovingly focused on You, O True Lord. ||4||	ਜਿਸ ਭੀ ਜੀਵ ਨੇ ਉਸ ਸਦਾ-ਥਿਰ ਪ੍ਰਭੂ ਨਾਲ ਪ੍ਰੇਮ-ਲਗਨ ਲਾਈ ਹੈ ਜਮ-ਰਾਜ ਉਸ ਵਲ ਤੱਕ ਭੀ ਨਹੀਂ ਸਕਦਾ ॥੪॥
43601	1020	ਆਪੇ ਪੁਰਖੁ ਆਪੇ ਹੀ ਨਾਰੀ॥		Aapae Purakh Aapae Hee Naaree ||	You Yourself are the male, and You Yourself are the female.	(ਹਰੇਕ) ਮਰਦ ਭੀ ਪ੍ਰਭੂ ਆਪ ਹੀ ਹੈ ਤੇ (ਹਰੇਕ) ਇਸਤ੍ਰੀ ਭੀ ਆਪ ਹੀ ਹੈ,
43602	1020	ਆਪੇ ਪਾਸਾ ਆਪੇ ਸਾਰੀ॥	ਪਾਸਾ: ਪੋਲਾ ਬੋਲੋ	Aapae Paasaa Aapae Saaree ||	You Yourself are the chess-board, and You Yourself are the chessman.	ਪ੍ਰਭੂ ਆਪ ਹੀ (ਇਹ ਜਗਤ-ਰੂਪ) ਚਉਪੜ (ਦੀ ਖੇਡ) ਹੈ ਤੇ ਆਪ ਹੀ (ਚਉਪੜ ਦੀਆਂ ਜੀਵ-) ਨਰਦਾਂ ਹੈ।
43603	1020	ਆਪੇ ਪਿੜ ਬਾਧੀ ਜਗੁ ਖੇਲੈ ਆਪੇ ਕੀਮਤਿ ਪਾਈ ਹੇ॥੫॥		Aapae Pirr Baadhhee Jag Khaelai Aapae Keemath Paaee Hae ||5||	You Yourself staged the drama in the arena of the world, and You Yourself evaluate the players. ||5||	ਪਰਮਾਤਮਾ ਨੇ ਆਪ ਹੀ ਇਹ ਜਗਤ (ਚਉਪੜ ਦੀ ਖੇਡ-ਰੂਪ) ਪਿੜ ਤਿਆਰ ਕੀਤਾ ਹੈ, ਆਪ ਹੀ ਇਸ ਖੇਡ ਨੂੰ ਪਰਖ ਰਿਹਾ ਹੈ ॥੫॥
43604	1020	ਆਪੇ ਭਵਰੁ ਫੁਲੁ ਫਲੁ ਤਰਵਰੁ॥	ਫੁੱਲੁ	Aapae Bhavar Ful Fal Tharavar ||	You Yourself are the bumble bee, the flower, the fruit and the tree.	(ਹੇ ਪ੍ਰਭੂ!) ਤੂੰ ਆਪ ਹੀ ਭੌਰਾ ਹੈਂ, ਆਪ ਹੀ ਫੁੱਲ ਹੈਂ, ਤੂੰ ਆਪ ਹੀ ਫਲ ਹੈਂ, ਤੇ ਆਪ ਹੀ ਰੁੱਖ ਹੈਂ।
43605	1020	ਆਪੇ ਜਲੁ ਥਲੁ ਸਾਗਰੁ ਸਰਵਰੁ॥		Aapae Jal Thhal Saagar Saravar ||	You Yourself are the water, the desert, the ocean and the pool.	ਤੂੰ ਆਪ ਹੀ ਪਾਣੀ ਹੈਂ, ਆਪ ਹੀ ਸੁੱਕੀ ਧਰਤੀ ਹੈਂ, ਤੂੰ ਆਪ ਹੀ ਸਮੁੰਦਰ ਹੈਂ ਆਪ ਹੀ ਤਲਾਬ ਹੈਂ।

43606	1020	ਆਪੇ ਮਛੁ ਕਛੁ ਕਰਣੀ ਕਰੁ ਤੇਰਾ ਰੂਪੁ ਨ ਲਖਣਾ ਜਾਈ ਹੇ॥੬॥	ਮੱਛੁ।ਕੱਛੁ	Aapae Mashh Kashh Karaneekar Thaeraa Roop N Lakhanaa Jaaee Hae ||6||	You Yourself are the great fish, the tortoise, the Cause of causes; Your form cannot be known. ||6||	ਤੂੰ ਆਪ ਹੀ ਮੱਛ ਹੈਂ ਆਪ ਹੀ ਕੱਛੂ ਹੈਂ। (ਹੇ ਪ੍ਰਭੂ!) ਤੇਰਾ ਸਹੀ ਸਰੂਪ ਕੀਹ ਹੈ-ਇਹ ਬਿਆਨ ਨਹੀਂ ਕੀਤਾ ਜਾ ਸਕਦਾ। ਤੂੰ ਆਪ ਹੀ (ਆਪਣੇ ਆਪ ਤੋਂ) ਸਾਰੀ ਰਚਨਾ ਰਚਣ ਵਾਲਾ ਹੈਂ ॥੬॥
43607	1020	ਆਪੇ ਦਿਨਸੁ ਆਪੇ ਹੀ ਰੈਣੀ॥		Aapae Dhinas Aapae Hee Rainee ||	You Yourself are the day, and You Yourself are the night.	ਪਰਮਾਤਮਾ ਆਪ ਹੀ ਦਿਨ ਹੈ ਆਪ ਹੀ ਰਾਤ ਹੈ,
43608	1020	ਆਪਿ ਪਤੀਜੈ ਗੁਰ ਕੀ ਬੈਣੀ॥		Aap Patheejai Gur Kee Bainee ||	You Yourself are pleased by the Word of the Guru's Bani.	ਉਹ ਆਪ ਹੀ ਗੁਰੂ ਦੇ ਬਚਨਾਂ ਦੀ ਰਾਹੀਂ ਖ਼ੁਸ਼ ਹੋ ਰਿਹਾ ਹੈ।
43609	1020	ਆਦਿ ਜੁਗਾਦਿ ਅਨਾਹਦਿ ਅਨ ਦਿਨੁ ਘਟਿ ਘਟਿ ਸਬਦੁ ਰਜਾਈ ਹੇ॥੭॥	ਜੁੱਗਾਦਿ	Aadh Jugaadh Anaahadh Anadhin Ghatt Ghatt Sabadh Rajaaee Hae ||7||	From the very beginning, and throughout the ages, the unstruck sound current resounds, night and day; in each and every heart, the Word of the Shabad, echoes Your Will. ||7||	ਸਾਰੇ ਜਗਤ ਦਾ ਮੂਲ ਹੈ, ਜੁਗਾਂ ਦੇ ਭੀ ਆਦਿ ਤੋਂ ਹੈ, ਉਸ ਦਾ ਕਦੇ ਨਾਸ ਨਹੀਂ ਹੋ ਸਕਦਾ, ਹਰ ਵੇਲੇ ਹਰੇਕ ਸਰੀਰ ਵਿਚ ਉਸੇ ਰਜ਼ਾ ਦੇ ਮਾਲਕ ਦੀ ਜੀਵਨ-ਰੌ ਰੁਮਕ ਰਹੀ ਹੈ ॥੭॥
43610	1020	ਆਪੇ ਰਤਨੁ ਅਨੂਪੁ ਅਮੋਲੋ॥		Aapae Rathan Anoop Amolo ||	You Yourself are the jewel, incomparably beautiful and priceless.	ਪ੍ਰਭੂ ਆਪ ਹੀ ਇਕ ਐਸਾ ਰਤਨ ਹੈ ਜਿਸ ਵਰਗਾ ਹੋਰ ਕੋਈ ਨਹੀਂ ਤੇ ਜਿਸ ਦਾ ਮੁੱਲ ਨਹੀਂ ਪੈ ਸਕਦਾ।

43611	1020	ਆਪੇ ਪਰਖੇ ਪੂਰਾ ਤੋਲੋ॥		Aapae Parakhae Pooraa Tholo ||	You Yourself are the Assessor, the Perfect Weigher.	ਪ੍ਰਭੂ ਆਪ ਹੀ ਉਸ ਰਤਨ ਨੂੰ ਪਰਖਦਾ ਹੈ, ਤੇ ਠੀਕ ਤਰ੍ਹਾਂ ਤੋਲਦਾ ਹੈ।
43612	1021	ਆਪੇ ਕਿਸ ਹੀ ਕਸਿ ਬਖਸੇ ਆਪੇ ਦੇ ਲੈ ਭਾਈ ਹੇ॥੮॥	(ਕਸਵੱਟੀ) ਇਮਤਿਹਾਨ ਤੋਂ।ਕਸਿ: ਪੋਲਾ ਬੋਲੋ	Aapae Kis Hee Kas Bakhasae Aapae Dhae Lai Bhaaee Hae ||8||	You Yourself test and forgive. You Yourself give and take, O Siblings of Destiny. ||8||	ਪ੍ਰਭੂ ਆਪ ਹੀ ਕਿਸੇ ਰਤਨ-ਜੀਵ ਨੂੰ ਕਸਵੱਟੀ ਤੇ ਲਾ ਕੇ ਪਰਵਾਨ ਕਰਦਾ ਹੈ, ਤੇ, ਪ੍ਰਭੂ ਆਪ ਹੀ ਜਗਤ ਦੀ ਵਣਜ-ਵਪਾਰ ਦੀ ਕਾਰ ਚਲਾ ਰਿਹਾ ਹੈ (ਰਤਨ ਦੇਂਦਾ ਹੈ ਤੇ ਰਤਨ ਲੈਂਦਾ ਹੈ) ॥੮॥
43613	1021	ਆਪੇ ਧਨਖੁ ਆਪੇ ਸਰ ਬਾਣਾ॥	ਧਰਮ ਰੂਪ ਧਨਖੁ।(ਸਰ) ਬਰਾਬਰ।ਪ੍ਰੇਮ ਰੂਪੀ (ਬਾਣਾ) ਤੀਰ। (ਦੂਜਾ ਪਾਠ: ਸਰਬਾਣਾ)	Aapae Dhhanakh Aapae Sarabaanaa ||	He Himself is the bow, and He Himself is the archer.	ਪਰਮਾਤਮਾ ਆਪ ਹੀ ਧਨਖ ਹੈ (ਆਪ ਹੀ ਤੀਰ ਹੈ) ਆਪ ਹੀ ਤੀਰ-ਅੰਦਾਜ਼ ਹੈ।
43614	1021	ਆਪੇ ਸੁਘੜੁ ਸਰੂਪੁ ਸਿਆਣਾ॥		Aapae Sugharr Saroop Siaanaa ||	He Himself is all-wise, beautiful and all-knowing.	ਆਪ ਹੀ ਸੁਚੱਜਾ ਸੋਹਣਾ ਤੇ ਸਿਆਣਾ ਹੈ।
43615	1021	ਕਹਤਾ ਬਕਤਾ ਸੁਣਤਾ ਸੋਈ ਆਪੇ ਬਣਤ ਬਣਾਈ ਹੇ॥੯॥		Kehathaa Bakathaa Sunathaa Soee Aapae Banath Banaaee Hae ||9||	He is the speaker, the orator and the listener. He Himself made what is made. ||9||	ਹਰ ਥਾਂ ਬੋਲਣ ਵਾਲਾ ਸੁਣਨ ਵਾਲਾ ਉਹੀ ਆਪ ਹੀ ਹੈ ਜਿਸ ਨੇ ਇਹ ਜਗਤ-ਰਚਨਾ ਰਚੀ ਹੈ ॥੯॥
43616	1021	ਪਉਣੁ ਗੁਰੂ ਪਾਣੀ ਪਿਤ ਜਾਤਾ॥		Poun Guroo Paanee Pith Jaathaa ||	Air is the Guru, and water is known to be the father.	ਹਵਾ (ਜੋ ਸਰੀਰਾਂ ਲਈ ਇਉਂ ਹੈ ਜਿਵੇਂ) ਗੁਰੂ (ਜੀਵਾਂ ਦੇ ਆਤਮਾ ਵਾਸਤੇ ਹੈ) ਪ੍ਰਭੂ ਆਪ ਹੀ ਹੈ।

43617	1021	ਉਦਰ ਸੰਜੋਗੀ ਧਰਤੀ ਮਾਤਾ॥	ਮਾਤਾ: ਪੋਲਾ ਬੋਲੋ	Oudhar Sanjogee Dhharathee Maathaa ||	The womb of the great mother earth gives birth to all.	ਪਾਣੀ (ਜੋ ਸਭ ਜੀਵਾਂ ਦਾ) ਪਿਉ (ਹੈ, ਇਹ ਭੀ) ਪ੍ਰਭੂ ਆਪ ਹੀ ਹੈ। ਧਰਤੀ (ਜੇਹੜੀ ਇਸ ਵਾਸਤੇ ਜੀਵਾਂ ਦੀ) ਮਾਂ ਅਖਵਾਣ-ਜੋਗ ਹੈ ਕਿ ਇਹ ਮਾਂ ਵਾਂਗ ਸਭ ਚੀਜ਼ਾਂ ਨੂੰ ਆਪਣੇ ਪੇਟ ਵਿਚ ਰਖਦੀ ਹੈ ਤੇ ਪੇਟ ਵਿਚੋਂ ਪੈਦਾ ਕਰਦੀ ਹੈ- ਇਹ ਭੀ ਪਰਮਾਤਮਾ ਆਪ ਹੀ ਹੈ (ਕਿਉਂਕਿ ਸਭ ਕੁਝ ਪਰਮਾਤਮਾ ਨੇ ਆਪਣੇ ਆਪ ਤੋਂ ਪਰਗਟ ਕੀਤਾ ਹੈ)।
43618	1021	ਰੈਣਿ ਦਿਨਸੁ ਦੁਇ ਦਾਈ ਦਾਇਆ ਜਗੁ ਖੇਲੈ ਖੇਲਾਈ ਹੇ॥੧੦॥		Rain Dhinas Dhue Dhaaee Dhaaeiaa Jag Khaelai Khaelaaee Hae ||10||	Night and day are the two nurses, male and female; the world plays in this play. ||10||	ਦਿਨ ਤੇ ਰਾਤ (ਜੋ ਜੀਵਾਂ ਵਾਸਤੇ) ਦੋਵੇਂ ਖਿਡਾਵੀ ਤੇ ਖਿਡਾਵਾ ਹਨ (ਤੇ ਇਹਨਾਂ ਦੇ ਪ੍ਰਭਾਵ ਵਿਚ) ਜਗਤ ਖੇਡ ਰਿਹਾ ਹੈ, ਇਹ ਭੀ ਉਹ ਆਪ ਹੀ ਹੈ, ਇਹ ਸਾਰੀ ਖੇਡ ਉਹ ਆਪ ਹੀ ਖੇਡ ਰਿਹਾ ਹੈ ॥੧੦॥
43619	1021	ਆਪੇ ਮਛੁਲੀ ਆਪੇ ਜਾਲਾ॥	ਜਾਲਾ: ਪੋਲਾ ਬੋਲੋ	Aapae Mashhulee Aapae Jaalaa ||	You Yourself are the fish, and You Yourself are the net.	ਹੇ ਪ੍ਰਭੂ! ਤੂੰ ਆਪ ਹੀ ਮੱਛੀ ਹੈਂ ਤੇ ਆਪ ਹੀ (ਮੱਛੀ ਨੂੰ ਫਸਾਣ ਵਾਲਾ) ਜਾਲ ਹੈਂ;
43620	1021	ਆਪੇ ਗਊ ਆਪੇ ਰਖਵਾਲਾ॥		Aapae Goo Aapae Rakhavaalaa ||	You Yourself are the cows, and You yourself are their keeper.	ਤੂੰ ਆਪ ਹੀ ਗਾਂ ਹੈ ਤੇ ਆਪ ਹੀ ਗਾਈਆਂ ਦਾ ਰਾਖਾ ਹੈਂ।

43621	1021	ਸਰਬ ਜੀਆ ਜਗਿ ਜੋਤਿ ਤੁਮਾਰੀ ਜੈਸੀ ਪ੍ਰਭਿ ਫੁਰਮਾਈ ਹੇ॥੧੧॥		Sarab Jeeaa Jag Joth Thumaaree Jaisee Prabh Furamaaee Hae ||11||	Your Light fills all the beings of the world; they walk according to Your Command, O God. ||11||	ਸਾਰੇ ਜੀਵਾਂ ਵਿਚ ਸਾਰੇ ਜਗਤ ਵਿਚ ਤੇਰੀ ਹੀ ਜੋਤਿ ਮੌਜੂਦ ਹੈ। ਜਗਤ ਵਿਚ ਉਹੀ ਕੁਝ ਵਰਤ ਰਿਹਾ ਹੈ ਜਿਵੇਂ ਪ੍ਰਭੂ ਨੇ ਹੁਕਮ ਕੀਤਾ ਹੈ (ਹੁਕਮ ਕਰ ਰਿਹਾ ਹੈ) ॥੧੧॥
43622	1021	ਆਪੇ ਜੋਗੀ ਆਪੇ ਭੋਗੀ॥		Aapae Jogee Aapae Bhogee ||	You Yourself are the Yogi, and You Yourself are the enjoyer.	(ਮਾਇਆ ਤੋਂ ਨਿਰਲੇਪ ਹੋਣ ਕਰਕੇ) ਪ੍ਰਭੂ ਆਪ ਹੀ ਜੋਗੀ ਹੈ, (ਤੇ ਸਾਰੇ ਜੀਵਾਂ ਵਿਚ ਵਿਆਪਕ ਹੋਣ ਕਰਕੇ) ਆਪ ਹੀ (ਸਾਰੇ ਪਦਾਰਥਾਂ ਨੂੰ) ਭੋਗਣ ਵਾਲਾ ਹੈ।
43623	1021	ਆਪੇ ਰਸੀਆ ਪਰਮ ਸੰਜੋਗੀ॥		Aapae Raseeaa Param Sanjogee ||	You Yourself are the reveller; You form the supreme Union.	ਸਭ ਤੋਂ ਵੱਡੇ ਸੰਜੋਗ (ਮਿਲਾਪ) ਦੇ ਕਾਰਨ (ਸਭ ਜੀਵਾਂ ਵਿਚ ਰਮਿਆ ਹੋਣ ਕਰਕੇ) ਪ੍ਰਭੂ ਆਪ ਹੀ ਸਾਰੇ ਰਸ ਮਾਣ ਰਿਹਾ ਹੈ।
43624	1021	ਆਪੇ ਵੇਬਾਣੀ ਨਿਰੰਕਾਰੀ ਨਿਰਭਉ ਤਾੜੀ ਲਾਈ ਹੇ॥੧੨॥	ਨਿਰਭਉ ਤਾੜੀ ਰੂਪੀ ਅਫੁਰ ਵੇਬਾਣੀ ਉਜਾੜ ਚ ਰਹਿਣ ਵਾਲੇ ਬ੍ਰਹਮ ਜੀ	Aapae Vaebaanee Nirankaaree Nirabho Thaarree Laaee Hae ||12||	You Yourself are speechless, formless and fearless, absorbed in the primal ecstasy of deep meditation. ||12||	ਪ੍ਰਭੂ ਆਪ ਹੀ ਉਜਾੜ ਵਿਚ ਰਹਿਣ ਵਾਲਾ ਹੈ, ਪ੍ਰਭੂ ਆਪ ਨਿਰ-ਆਕਾਰ ਹੈ, ਉਸ ਨੂੰ ਕਿਸੇ ਤੋਂ ਡਰ ਨਹੀਂ। ਉਹ ਆਪ ਹੀ ਆਪਣੇ ਸਰੂਪ ਵਿਚ ਸੁਰਤ ਜੋੜਨ ਵਾਲਾ ਹੈ ॥੧੨॥
43625	1021	ਖਾਣੀ ਬਾਣੀ ਤੁਝਹਿ ਸਮਾਣੀ॥		Khaanee Baanee Thujhehi Samaanee ||	The sources of creation and speech are contained within You, Lord.	ਹੇ ਪ੍ਰਭੂ! ਚੌਹਾਂ ਖਾਣੀਆਂ ਦੇ ਜੀਵ ਤੇ ਉਹਨਾਂ ਦੀਆਂ ਬੋਲੀਆਂ ਭੀ ਤੇਰੇ ਵਿਚ ਹੀ ਸਮਾ ਜਾਂਦੀਆਂ ਹਨ।

43626	1021	ਜੋ ਦੀਸੈ ਸਭ ਆਵਣ ਜਾਣੀ॥		Jo Dheesai Sabh Aavan Jaanee ||	All that is seen, is coming and going.	ਜਗਤ ਵਿਚ ਜੋ ਕੁਝ ਦਿੱਸ ਰਿਹਾ ਹੈ ਉਹ ਜੰਮਣ ਮਰਨ ਦੇ ਗੇੜ ਵਿਚ ਹੈ।
43627	1021	ਸੇਈ ਸਾਹ ਸਚੇ ਵਾਪਾਰੀ ਸਤਿਗੁਰਿ ਬੂਝ ਬੁਝਾਈ ਹੇ॥੧੩॥	ਬੂੱਝ ਬੁੱਝਾਈ	Saeee Saah Sachae Vaapaaree Sathigur Boojh Bujhaaee Hae ||13||	They are the true bankers and traders, whom the True Guru has inspired to understand. ||13||	ਜਿਨ੍ਹਾਂ ਬੰਦਿਆਂ ਨੂੰ ਸਤਿਗੁਰੂ ਨੇ (ਸਹੀ ਜੀਵਨ ਦੀ) ਸੂਝ ਦਿੱਤੀ ਹੈ ਉਹੀ ਕਦੇ ਘਾਟਾ ਨਾਹ ਖਾਣ ਵਾਲੇ ਸ਼ਾਹ ਹਨ ਤੇ ਵਪਾਰੀ ਹਨ ॥੧੩॥
43628	1021	ਸਬਦੁ ਬੁਝਾਏ ਸਤਿਗੁਰੁ ਪੂਰਾ॥		Sabadh Bujhaaeae Sathigur Pooraa ||	The Word of the Shabad is understood through the Perfect True Guru.	ਹੇ ਪ੍ਰਭੂ! (ਤੇਰਾ ਰੂਪ) ਪੂਰਾ ਸਤਿਗੁਰੂ (ਤੇਰੀ ਸਿਫ਼ਤ-ਸਾਲਾਹ ਦੀ) ਬਾਣੀ (ਤੇਰੇ ਪੈਦਾ ਕੀਤੇ ਜੀਵਾਂ ਨੂੰ) ਸਮਝਾਂਦਾ ਹੈ।
43629	1021	ਸਰਬ ਕਲਾ ਸਾਚੇ ਭਰਪੂਰਾ॥		Sarab Kalaa Saachae Bharapooraa ||	The True Lord is overflowing with all powers.	ਹੇ ਸਦਾ-ਥਿਰ ਰਹਿਣ ਵਾਲੇ ਪ੍ਰਭੂ! ਤੂੰ ਸਾਰੀਆਂ ਤਾਕਤਾਂ ਦਾ ਮਾਲਕ ਹੈਂ, ਤੂੰ (ਆਪਣੀ ਸਾਰੀ ਰਚਨਾ ਵਿਚ) ਹਰ ਥਾਂ ਮੌਜੂਦ ਹੈਂ।
43630	1021	ਅਫਰਿਓ ਵੇਪਰਵਾਹੁ ਸਦਾ ਤੂ ਨਾ ਤਿਸੁ ਤਿਲੁ ਨ ਤਮਾਈ ਹੇ॥੧੪॥	(ਅ-ਫਰਿਓ) ਸੁਤੰਤ੍ਰ	Afariou Vaeparavaahu Sadhaa Thoo Naa This Thil N Thamaaee Hae ||14||	You are beyond our grasp, and forever independent. You do not have even an iota of greed. ||14||	ਕੋਈ ਜੀਵ ਤੇਰੇ ਹੁਕਮ ਨੂੰ ਮੋੜ ਨਹੀਂ ਸਕਦਾ, (ਇਤਨੇ ਵੱਡੇ ਖਲਜਗਨ ਦਾ ਮਾਲਕ ਹੋ ਕੇ ਭੀ) ਤੂੰ ਸਦਾ ਬੇ-ਫ਼ਿਕਰ ਹੈਂ। (ਪਰਮਾਤਮਾ ਆਪਣੇ ਪੈਦਾ ਕੀਤੇ ਜੀਵਾਂ ਵਾਸਤੇ ਸਭ ਕੁਝ ਕਰਦਾ ਹੈ, ਪਰ) ਉਸ ਨੂੰ (ਆਪਣੇ ਵਾਸਤੇ) ਕੋਈ ਰਤਾ ਭਰ ਭੀ ਲਾਲਚ ਨਹੀਂ ਹੈ ॥੧੪॥

43631	1021	ਕਾਲੁ ਬਿਕਾਲੁ ਭਏ ਦੇਵਾਨੇ॥		Kaal Bikaal Bheae Dhaevaanae ||	Birth and death are meaningless, for those	ਜਨਮ ਤੇ ਮਰਨ ਉਸ ਮਨੁੱਖ ਦੇ ਨੇੜੇ ਨਹੀਂ ਢੁਕਦੇ (ਉਸ ਨੂੰ ਵੇਖ ਕੇ ਝੱਲੇ ਹੋ ਜਾਂਦੇ ਹਨ, ਸਹਮ ਜਾਂਦੇ ਹਨ),
43632	1021	ਸਬਦੁ ਸਹਜ ਰਸੁ ਅੰਤਰਿ ਮਾਨੇ॥		Sabadh Sehaj Ras Anthar Maanae ||	Who enjoy the sublime celestial essence of the Shabad within their minds.	(ਜੇਹੜਾ ਮਨੁੱਖ) ਆਪਣੇ ਹਿਰਦੇ ਵਿਚ ਉਸ ਦੀ ਸਿਫ਼ਤ-ਸਾਲਾਹ ਦੀ ਬਾਣੀ ਵਸਾਂਦਾ ਹੈ ਤੇ ਆਤਮਕ ਅਡੋਲਤਾ ਦਾ ਰਸ ਮਾਣਦਾ ਹੈ।
43633	1021	ਆਪੇ ਮੁਕਤਿ ਤ੍ਰਿਪਤਿ ਵਰਦਾਤਾ ਭਗਤਿ ਭਾਇ ਮਨਿ ਭਾਈ ਹੇ॥੧੫॥		Aapae Mukath Thripath Varadhaathaa Bhagath Bhaae Man Bhaaee Hae ||15||	He Himself is the Giver of liberation, satisfaction and blessings, to those devotees who love Him in their minds. ||15||	(ਪ੍ਰਭੂ ਦੀ ਬਖ਼ਸ਼ੀ ਹੋਈ ਪ੍ਰਭੂ-ਚਰਨਾਂ ਦੀ) ਪ੍ਰੀਤ ਦੀ ਰਾਹੀਂ ਜਿਸ ਮਨੁੱਖ ਦੇ ਮਨ ਵਿਚ ਪ੍ਰਭੂ ਦੀ ਭਗਤੀ ਪਿਆਰੀ ਲੱਗਣ ਲੱਗ ਪੈਂਦੀ ਹੈ, ਉਸ ਨੂੰ ਪ੍ਰਭੂ (ਆਪ ਹੀ ਵਿਕਾਰਾਂ ਤੋਂ) ਖ਼ਲਾਸੀ ਦੇਣ ਵਾਲਾ ਹੈ ਆਪ ਹੀ (ਮਾਇਆ ਦੀ ਤ੍ਰਿਸ਼ਨਾ ਤੋਂ) ਤ੍ਰਿਪਤੀ ਦੇਣ ਵਾਲਾ ਹੈ, ਤੇ ਆਪ ਹੀ ਸਭ ਬਖ਼ਸ਼ਸ਼ਾਂ ਕਰਨ ਵਾਲਾ ਹੈ ॥੧੫॥
43634	1021	ਆਪਿ ਨਿਰਾਲਮੁ ਗੁਰ ਗਮ ਗਿਆਨਾ॥		Aap Niraalam Gur Gam Giaanaa ||	He Himself is immaculate; by contact with the Guru, spiritual wisdom is obtained.	ਹੇ ਪ੍ਰਭੂ! (ਇਤਨਾ ਬੇਅੰਤ ਜਗਤ ਰਚ ਕੇ) ਤੂੰ ਆਪ (ਇਸ ਦੇ ਮੋਹ ਤੋਂ) ਨਿਰਲੇਪ ਹੈਂ। ਹੇ ਪ੍ਰਭੂ! (ਤੇਰੇ ਰੂਪ) ਗੁਰੂ ਦੀ ਰਾਹੀਂ ਹੀ ਤੇਰੇ ਨਾਲ ਜਾਣ-ਪਛਾਣ ਹੋ ਸਕਦੀ ਹੈ।
43635	1021	ਜੋ ਦੀਸੈ ਤੁਝ ਮਾਹਿ ਸਮਾਨਾ॥		Jo Dheesai Thujh Maahi Samaanaa ||	Whatever is seen, shall merge into You.	(ਜਗਤ ਵਿਚ) ਜੋ ਕੁਝ ਦਿੱਸ ਰਿਹਾ ਹੈ ਉਹ ਸਭ ਤੇਰੇ ਵਿਚ ਹੀ ਲੀਨ ਹੋ ਜਾਂਦਾ ਹੈ।

43636	1021	ਨਾਨਕੁ ਨੀਚੁ ਭਿਖਿਆ ਦਰਿ ਜਾਚੈ ਮੈ ਦੀਜੈ ਨਾਮੁ ਵਡਾਈ ਹੇ॥੧੬॥੧॥		Naanak Neech Bhikhiaa Dhar Jaachai Mai Dheejai Naam Vaddaaee Hae ||16||1||	Nanak, the lowly, begs for charity at Your Door; please, bless him with the glorious greatness of Your Name. ||16||1||	ਗ਼ਰੀਬ ਨਾਨਕ ਤੇਰੇ ਦਰ ਤੋਂ (ਨਾਮ ਦਾ) ਖ਼ੈਰ ਮੰਗਦਾ ਹੈ। ਹੇ ਪ੍ਰਭੂ! ਮੈਨੂੰ ਆਪਣਾ ਨਾਮ ਦੇਹ, ਇਹੀ ਮੇਰੇ ਵਾਸਤੇ ਸਭ ਤੋਂ ਉੱਚੀ ਇੱਜ਼ਤ ਹੈ ॥੧੬॥੧॥
43637	1021	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
43638	1021	ਆਪੇ ਧਰਤੀ ਧਉਲੁ ਅਕਾਸੰ॥		Aapae Dhharathee Dhhoul Akaasan ||	He Himself is the earth, the mythical bull which supports it and the Akaashic ethers.	(ਸਾਰਾ ਜਗਤ ਪ੍ਰਭੂ ਦੇ ਆਪਣੇ ਆਪੇ ਤੋਂ ਪਰਗਟ ਹੋਇਆ ਹੈ, ਇਸ ਵਾਸਤੇ ਪ੍ਰਭੂ) ਆਪ ਹੀ ਧਰਤੀ ਹੈ ਆਪ ਹੀ ਧਰਤੀ ਦਾ ਆਸਰਾ ਹੈ, ਆਪ ਹੀ ਅਕਾਸ਼ ਹੈ।
43639	1021	ਆਪੇ ਸਾਚੇ ਗੁਣ ਪਰਗਾਸੰ॥		Aapae Saachae Gun Paragaasan ||	The True Lord Himself reveals His Glorious Virtues.	ਪ੍ਰਭੂ ਆਪ ਹੀ ਆਪਣੇ ਸਦਾ-ਥਿਰ ਰਹਿਣ ਵਾਲੇ ਗੁਣਾਂ ਦਾ ਪਰਕਾਸ਼ ਕਰਨ ਵਾਲਾ ਹੈ।
43640	1021	ਜਤੀ ਸਤੀ ਸੰਤੋਖੀ ਆਪੇ ਆਪੇ ਕਾਰ ਕਮਾਈ ਹੇ॥੧॥		Jathee Sathee Santhokhee Aapae Aapae Kaar Kamaaee Hae ||1||	He Himself is celibate, chaste and contented; He Himself is the Doer of deeds. ||1||	ਆਪ ਹੀ ਜਤੀ ਹੈ, ਆਪ ਹੀ ਦਾਨੀ ਹੈ, ਆਪ ਹੀ ਸੰਤੋਖੀ ਹੈ, ਆਪ ਹੀ (ਜੀਵਾਂ ਵਿਚ ਵਿਆਪਕ ਹੋ ਕੇ ਜਤ ਸਤ ਸੰਤੋਖ ਦੇ ਅਭਿਆਸ ਦੀ) ਕਾਰ ਕਮਾਣ ਵਾਲਾ ਹੈ ॥੧॥
43641	1021	ਜਿਸੁ ਕਰਣਾ ਸੋ ਕਰਿ ਕਰਿ ਵੇਖੈ॥		Jis Karanaa So Kar Kar Vaekhai ||	He who created the creation, beholds what He has created.	ਜਿਸ ਕਰਤਾਰ ਦਾ ਇਹ ਰਚਿਆ ਸੰਸਾਰ ਹੈ ਉਹ ਇਸ ਨੂੰ ਰਚ ਰਚ ਕੇ ਆਪ ਹੀ ਇਸ ਦੀ ਸੰਭਾਲ ਕਰਦਾ ਹੈ।

43642	1021	ਕੋਇ ਨ ਮੇਟੈ ਸਾਚੇ ਲੇਖੈ॥		Koe N Maettai Saachae Laekhai ||	No one can erase the Inscription of the True Lord.	ਕੋਈ ਜੀਵ ਉਸ ਪਰਮਾਤਮਾ ਦੇ ਸਦਾ-ਥਿਰ ਰਹਿਣ ਵਾਲੇ ਹੁਕਮ ਨੂੰ ਉਲੰਘ ਨਹੀਂ ਸਕਦਾ।
43643	1021	ਆਪੇ ਕਰੇ ਕਰਾਏ ਆਪੇ ਆਪੇ ਦੇ ਵਡਿਆਈ ਹੇ॥੨॥		Aapae Karae Karaaeae Aapae Aapae Dhae Vaddiaaee Hae ||2||	He Himself is the Doer, the Cause of causes; He Himself is the One who bestows glorious greatness. ||2||	(ਜੀਵਾਂ ਵਿਚ ਵਿਆਪਕ ਹੋ ਕੇ) ਪ੍ਰਭੂ ਆਪ ਹੀ ਸਭ ਕੁਝ ਕਰ ਰਿਹਾ ਹੈ, ਆਪ ਹੀ ਜੀਵਾਂ ਪਾਸੋਂ (ਆਪਣੇ ਹੁਕਮ ਅਨੁਸਾਰ ਕੰਮ) ਕਰਵਾ ਰਿਹਾ ਹੈ। ਆਪ ਹੀ (ਜਿਨ੍ਹਾਂ ਨੂੰ ਆਪਣੇ ਨਾਮ ਦੀ ਦਾਤ ਦੇਂਦਾ ਹੈ ਉਹਨਾਂ ਨੂੰ) ਆਦਰ ਦੇ ਰਿਹਾ ਹੈ ॥੨॥
43644	1021	ਪੰਚ ਚੋਰ ਚੰਚਲ ਚਿਤੁ ਚਾਲਹਿ॥		Panch Chor Chanchal Chith Chaalehi ||	The five thieves cause the fickle consciousness to waver.	(ਪ੍ਰਭੂ ਦੀ ਆਪਣੀ ਰਜ਼ਾ ਵਿਚ ਹੀ) ਭਰਮਾ ਦੇਣ ਵਾਲੇ ਪੰਜ ਕਾਮਾਦਿਕ ਚੋਰ (ਜੀਵਾਂ ਦੇ) ਮਨ ਮੋਹ ਲੈਂਦੇ ਹਨ।
43645	1021	ਪਰ ਘਰ ਜੋਹਹਿ ਘਰੁ ਨਹੀ ਭਾਲਹਿ॥		Par Ghar Johehi Ghar Nehee Bhaalehi ||	It looks into the homes of others, but does not search its own home.	(ਜਿਨ੍ਹਾਂ ਦੇ ਮਨ ਕਾਮਾਦਿਕ ਮੋਹ ਲੈਂਦੇ ਹਨ) ਉਹ ਪਰਾਏ ਘਰ ਤੱਕਦੇ ਹਨ, ਆਪਣੇ ਹਿਰਦੇ-ਘਰ ਨੂੰ ਨਹੀਂ ਖੋਜਦੇ।
43646	1021	ਕਾਇਆ ਨਗਰੁ ਢਹੈ ਢਹਿ ਢੇਰੀ ਬਿਨੁ ਸਬਦੈ ਪਤਿ ਜਾਈ ਹੇ॥੩॥		Kaaeiaa Nagar Dtehai Dtehi Dtaeree Bin Sabadhai Path Jaaee Hae ||3||	The body-village crumbles into dust; without the Word of the Shabad, one's honor is lost. ||3||	(ਵਿਕਾਰਾਂ ਵਿਚ ਫਸੇ ਹੋਇਆਂ ਦਾ ਆਖ਼ਰ) ਸਰੀਰ ਸ਼ਹਿਰ ਢਹਿ ਪੈਂਦਾ ਹੈ, ਢਹਿ ਕੇ ਢੇਰੀ ਹੋ ਜਾਂਦਾ ਹੈ; ਗੁਰੂ ਦੇ ਸ਼ਬਦ ਤੋਂ ਵਾਂਜੇ ਰਹਿਣ ਕਰਕੇ ਉਹਨਾਂ ਦੀ ਇੱਜ਼ਤ ਖੋਹੀ ਜਾਂਦੀ ਹੈ ॥੩॥

43647	1021	ਗੁਰ ਤੇ ਬੂਝੈ ਤ੍ਰਿਭਵਣੁ ਸੂਝੈ॥		Gur Thae Boojhai Thribhavan Soojhai ||	One who realizes the Lord through the Guru, comprehends the three worlds.	(ਹੇ ਪ੍ਰਭੂ! ਤੇਰੀ ਮੇਹਰ ਨਾਲ ਜੇਹੜਾ ਮਨੁੱਖ) ਗੁਰੂ ਤੋਂ ਗਿਆਨ ਹਾਸਲ ਕਰਦਾ ਹੈ ਉਸ ਨੂੰ ਤੂੰ ਤਿੰਨਾਂ ਭਵਨਾਂ ਵਿਚ ਵਿਆਪਕ ਦਿੱਸ ਪੈਂਦਾ ਹੈਂ,
43648	1021	ਮਨਸਾ ਮਾਰਿ ਮਨੈ ਸਿਉ ਲੂਝੈ॥		Manasaa Maar Manai Sio Loojhai ||	He subdues his desires, and struggles with his mind.	ਉਹ ਮਨੁੱਖ ਮਨ ਦੇ ਮਾਇਕ ਫੁਰਨੇ ਮਾਰ ਕੇ ਮਨ ਨਾਲ ਹੀ ਟਾਕਰਾ ਕਰਦਾ ਹੈ (ਤੇ ਇਸ ਨੂੰ ਵੱਸ ਵਿਚ ਰੱਖਦਾ ਹੈ)।
43649	1021	ਜੋ ਤੁਧੁ ਸੇਵਹਿ ਸੇ ਤੁਧ ਹੀ ਜੇਹੇ ਨਿਰਭਉ ਬਾਲ ਸਖਾਈ ਹੇ॥੪॥		Jo Thudhh Saevehi Sae Thudhh Hee Jaehae Nirabho Baal Sakhaaee Hae ||4||	Those who serve You, become just like You; O Fearless Lord, You are their best friend from infancy. ||4||	ਹੇ ਪ੍ਰਭੂ! ਜੇਹੜੇ ਬੰਦੇ ਤੈਨੂੰ ਸਿਮਰਦੇ ਹਨ ਉਹ ਤੇਰੇ ਵਰਗੇ ਹੋ ਜਾਂਦੇ ਹਨ, ਤੂੰ ਕਿਸੇ ਤੋਂ ਨਾ ਡਰਨ ਵਾਲਾ ਉਹਨਾਂ ਦਾ ਸਦਾ ਦਾ ਸਾਥੀ ਬਣ ਜਾਂਦਾ ਹੈਂ ॥੪॥
43650	1021	ਆਪੇ ਸੁਰਗੁ ਮਛੁ ਪਇਆਲਾ॥		Aapae Surag Mashh Paeiaalaa ||	You Yourself are the heavenly realms, this world and the nether regions of the underworld.	(ਸਾਰੀ ਸ੍ਰਿਸ਼ਟੀ ਪ੍ਰਭੂ ਦੇ ਆਪਣੇ ਆਪੇ ਤੋਂ ਪਰਗਟ ਹੋਣ ਕਰਕੇ) ਪ੍ਰਭੂ ਆਪ ਹੀ ਸੁਰਗ-ਲੋਕ ਹੈ, ਆਪ ਹੀ ਮਾਤ-ਲੋਕ ਹੈ, ਆਪ ਹੀ ਪਤਾਲ-ਲੋਕ ਹੈ।
43651	1021	ਆਪੇ ਜੋਤਿ ਸਰੂਪੀ ਬਾਲਾ॥		Aapae Joth Saroopee Baalaa ||	You Yourself are the embodiment of light, forever young.	ਆਪ ਹੀ ਨਿਰਾ ਚਾਨਣ ਹੀ ਚਾਨਣ ਹੈ ਤੇ ਸਭ ਦਾ ਵੱਡਾ ਹੈ।
43652	1021	ਜਟਾ ਬਿਕਟ ਬਿਕਰਾਲ ਸਰੂਪੀ ਰੂਪੁ ਨ ਰੇਖਿਆ ਕਾਈ ਹੇ॥੫॥		Jattaa Bikatt Bikaraal Saroopee Roop N Raekhiaa Kaaee Hae ||5||	With matted hair, and a horrible, dreadful form, still, You have no form or feature. ||5||	ਭਿਆਨਕ ਤੇ ਡਰਾਉਣੀਆਂ ਜਟਾਂ ਧਾਰਨ ਵਾਲਾ ਭੀ ਆਪ ਹੀ ਹੈ। ਫਿਰ ਭੀ ਉਸ ਦਾ ਨਾਹ ਕੋਈ ਖ਼ਾਸ ਰੂਪ ਹੈ ਨਾਹ ਕੋਈ ਖ਼ਾਸ ਚਿਹਨ-ਚੱਕ੍ਰ ਹੈ ॥੫॥

43653	1021	ਬੇਦ ਕਤੇਬੀ ਭੇਦੁ ਨ ਜਾਤਾ॥	ਕਤੇਬੀਂ	Baedh Kathaebee Bhaedh N Jaathaa ||	The Vedas and the Bible do not know the mystery of God.	ਨਾਹ ਹੀ ਹਿੰਦੂ ਧਰਮ ਦੀਆਂ ਵੇਦ ਆਦਿਕ ਧਰਮ-ਪੁਸਤਕਾਂ ਨੇ ਤੇ ਨਾਹ ਹੀ ਸ਼ਾਮੀ ਮਤਾਂ ਦੀਆਂ ਕੁਰਾਨ ਆਦਿਕ ਕਿਤਾਬਾਂ ਨੇ ਪਰਮਾਤਮਾ ਦੀ ਹਸਤੀ ਦੀ ਡੂੰਘਾਈ ਨੂੰ ਸਮਝਿਆ ਹੈ।
43654	1021	ਨਾ ਤਿਸੁ ਮਾਤ ਪਿਤਾ ਸੁਤ ਭ੍ਰਾਤਾ॥		Naa This Maath Pithaa Suth Bhraathaa ||	He has no mother, father, child or brother.	ਉਸ ਪਰਮਾਤਮਾ ਦੀ ਨਾਹ ਕੋਈ ਮਾਂ, ਨਾਹ ਉਸ ਦੇ ਕੋਈ ਖ਼ਾਸ ਪੁੱਤਰ ਤੇ ਨਾਹ ਕੋਈ ਭਰਾ ਹਨ।
43655	1021	ਸਗਲੇ ਸੈਲ ਉਪਾਇ ਸਮਾਏ ਅਲਖੁ ਨ ਲਖਣਾ ਜਾਈ ਹੇ॥੬॥	ਅ-ਲਖੁ: ਪੋਲਾ ਬੋਲੋ	Sagalae Sail Oupaae Samaaeae Alakh N Lakhanaa Jaaee Hae ||6||	He created all the mountains, and levels them again; the Unseen Lord cannot be seen. ||6||	ਵੱਡੇ ਵੱਡੇ ਪਹਾੜ ਆਦਿਕ ਪੈਦਾ ਕਰ ਕੇ (ਜਦੋਂ ਚਾਹੇ) ਸਾਰੇ ਹੀ ਆਪਣੇ ਵਿਚ ਲੀਨ ਕਰ ਲੈਂਦਾ ਹੈ। ਉਸ ਦਾ ਸਰੂਪ ਬਿਆਨ ਤੋਂ ਪਰੇ ਹੈ, ਬਿਆਨ ਕੀਤਾ ਨਹੀਂ ਜਾ ਸਕਦਾ ॥੬॥
43656	1021	ਕਰਿ ਕਰਿ ਥਾਕੀ ਮੀਤ ਘਨੇਰੇ॥		Kar Kar Thhaakee Meeth Ghanaerae ||	I have grown weary of making so many friends.	(ਪਰਮਾਤਮਾ ਤੋਂ ਖੁੰਝ ਕੇ) ਅਨੇਕਾਂ (ਦੇਵੀ ਦੇਵਤਿਆਂ ਨੂੰ) ਮੈਂ ਆਪਣੇ ਮਿੱਤਰ ਬਣਾ ਬਣਾ ਕੇ ਹਾਰ ਗਈ ਹਾਂ,
43657	1021	ਕੋਇ ਨ ਕਾਟੈ ਅਵਗੁਣ ਮੇਰੇ॥		Koe N Kaattai Avagun Maerae ||	No one can rid me of my sins and mistakes.	(ਮੇਰੇ ਅੰਦਰੋਂ) ਕੋਈ (ਅਜੇਹਾ ਮਿੱਤਰ) ਮੇਰੇ ਔਗੁਣ ਦੂਰ ਨਹੀਂ ਕਰ ਸਕਿਆ।

43658	1021	ਸੁਰਿ ਨਰ ਨਾਥੁ ਸਾਹਿਬੁ ਸਭਨਾ ਸਿਰਿ ਭਾਇ ਮਿਲੈ ਭਉ ਜਾਈ ਹੇ॥੭॥		Sur Nar Naathh Saahib Sabhanaa Sir Bhaae Milai Bho Jaaee Hae ||7||	God is the Supreme Lord and Master of all the angels and mortal beings; blessed with His Love, their fear is dispelled. ||7||	ਉਹ ਪਰਮਾਤਮਾ ਹੀ ਸਾਰੇ ਦੇਵਤਿਆਂ ਤੇ ਮਨੁੱਖਾਂ ਦਾ ਖਸਮ ਹੈ, ਉਹੀ ਸਭਨਾਂ ਜੀਵਾਂ ਦੇ ਸਿਰ ਉਤੇ ਮਾਲਕ ਹੈ। ਪਿਆਰ ਦੀ ਰਾਹੀਂ ਜਿਸ ਬੰਦੇ ਨੂੰ ਉਹ ਮਿਲ ਪੈਂਦਾ ਹੈ ਉਸ ਦਾ (ਪਾਪਾਂ ਵਿਕਾਰਾਂ ਦਾ ਸਾਰਾ) ਸਹਮ ਦੂਰ ਹੋ ਜਾਂਦਾ ਹੈ ॥੭॥
43659	1021	ਭੂਲੇ ਚੂਕੇ ਮਾਰਗਿ ਪਾਵਹਿ॥		Bhoolae Chookae Maarag Paavehi ||	He puts back on the Path those who have wandered and strayed.	ਹੇ ਪ੍ਰਭੂ! ਔਝੜੇ ਕੁਰਾਹੇ ਪਏ ਬੰਦਿਆਂ ਨੂੰ ਤੂੰ ਆਪ ਹੀ ਸਹੀ ਜੀਵਨ-ਰਾਹ ਤੇ ਪਾਂਦਾ ਹੈਂ।
43660	1021	ਆਪਿ ਭੁਲਾਇ ਤੂਹੈ ਸਮਝਾਵਹਿ॥	ਭੁੱਲਾਇ	Aap Bhulaae Thoohai Samajhaavehi ||	You Yourself make them stray, and You teach them again.	ਤੂੰ ਆਪ ਹੀ ਕੁਰਾਹੇ ਪਾ ਕੇ ਫਿਰ ਆਪ ਹੀ (ਸਿੱਧੇ ਰਾਹ ਦੀ) ਸਮਝ ਬਖ਼ਸ਼ਦਾ ਹੈਂ।
43661	1021	ਬਿਨੁ ਨਾਵੈ ਮੈ ਅਵਰੁ ਨ ਦੀਸੈ ਨਾਵਹੁ ਗਤਿ ਮਿਤਿ ਪਾਈ ਹੇ॥੮॥		Bin Naavai Mai Avar N Dheesai Naavahu Gath Mith Paaee Hae ||8||	I cannot see anything except the Name. Through the Name comes salvation and merit. ||8||	(ਔਝੜ ਤੋਂ ਬਚਣ ਲਈ) ਤੇਰੇ ਨਾਮ ਤੋਂ ਬਿਨਾ ਮੈਨੂੰ ਕੋਈ ਹੋਰ ਵਸੀਲਾ ਦਿੱਸਦਾ ਨਹੀਂ। ਤੇਰਾ ਨਾਮ ਸਿਮਰਿਆਂ ਹੀ ਪਤਾ ਲੱਗਦਾ ਹੈ ਕਿ ਤੂੰ ਕਿਹੋ ਜਿਹਾ (ਦਇਆਲ) ਹੈਂ, ਅਤੇ ਕੇਡਾ ਵੱਡਾ (ਬੇਅੰਤ) ਹੈਂ ॥੮॥
43662	1022	ਗੰਗਾ ਜਮੁਨਾ ਕੇਲ ਕੇਦਾਰਾ॥		Gangaa Jamunaa Kael Kaedhaaraa ||	The Ganges, the Jamunaa where Krishna played, Kaydar Naat'h,	ਗੰਗਾ, ਜਮੁਨਾ, ਬਿੰਦ੍ਰਾਬਨ, ਕੇਦਾਰ,

43663	1022	ਕਾਸੀ ਕਾਂਤੀ ਪੁਰੀ ਦੁਆਰਾ॥		Kaasee Kaanthee Puree Dhuaaraa ||	Benares, Kanchivaram, Puri, Dwaarkaa,	ਕਾਂਸ਼ੀ, ਕਾਂਤੀ, ਦੁਆਰਕਾ ਪੁਰੀ,
43664	1022	ਗੰਗਾ ਸਾਗਰੁ ਬੇਣੀ ਸੰਗਮੁ ਅਠਸਠਿ ਅੰਕਿ ਸਮਾਈ ਹੇ॥੯॥		Gangaa Saagar Baenee Sangam Athasath Ank Samaaee Hae ||9||	Ganga Saagar where the Ganges empties into the ocean, Trivaynee where the three rivers come together, and the sixty-eight sacred shrines of pilgrimage, are all merged in the Lord's Being. ||9||	ਸਾਗਰ-ਗੰਗਾ, ਤ੍ਰਿਬੇਣੀ ਦਾ ਸੰਗਮ ਆਦਿਕ ਅਠਾਹਠ ਤੀਰਥ ਉਸ ਕਰਤਾਰ-ਪ੍ਰਭੂ ਦੀ ਆਪਣੀ ਹੀ ਗੋਦ ਵਿਚ ਟਿਕੇ ਹੋਏ ਹਨ ॥੯॥
43665	1022	ਆਪੇ ਸਿਧ ਸਾਧਿਕੁ ਵੀਚਾਰੀ॥		Aapae Sidhh Saadhhik Veechaaree ||	He Himself is the Siddha, the seeker, in meditative contemplation.	(ਪ੍ਰਭੂ ਦੇ ਆਪਣੇ ਆਪੇ ਤੋਂ ਪੈਦਾ ਹੋਈ ਇਸ ਸ੍ਰਿਸ਼ਟੀ ਵਿਚ ਕਿਤੇ ਤਿਆਗੀ ਹਨ ਤੇ ਕਿਤੇ ਰਾਜੇ ਹਨ, ਸੋ,) ਪ੍ਰਭੂ ਆਪ ਹੀ ਜੋਗ-ਸਾਧਨਾਂ ਵਿਚ ਪੁੱਗਾ ਹੋਇਆ ਜੋਗੀ ਹੈ, ਆਪ ਹੀ ਜੋਗ-ਸਾਧਨ ਕਰਨ ਵਾਲਾ ਹੈ, ਆਪ ਹੀ ਜੋਗ-ਸਾਧਨਾਂ ਦੀ ਵਿਚਾਰ ਕਰਨ ਵਾਲਾ ਹੈ।
43666	1022	ਆਪੇ ਰਾਜਨੁ ਪੰਚਾ ਕਾਰੀ॥		Aapae Raajan Panchaa Kaaree ||	He Himself is the King and the Council.	ਪ੍ਰਭੂ ਆਪ ਹੀ ਰਾਜਾ ਹੈ ਆਪ ਹੀ (ਆਪਣੇ ਰਾਜ ਵਿਚ) ਪੈਂਚ ਚੌਧਰੀ ਬਣਾਣ ਵਾਲਾ ਹੈ।

43667	1022	ਤਖਤਿ ਬਹੈ ਅਦਲੀ ਪ੍ਰਭੁ ਆਪੇ ਭਰਮੁ ਭੇਦੁ ਭਉ ਜਾਈ ਹੇ॥੧੦॥		Thakhath Behai Adhalee Prabh Aapae Bharam Bhaedh Bho Jaaee Hae ||10||	God Himself, the wise Judge, sits on the throne; He takes away doubt, duality and fear. ||10||	ਨਿਆਂ ਕਰਨ ਵਾਲਾ ਪ੍ਰਭੂ ਆਪ ਹੀ ਤਖ਼ਤ ਉਤੇ ਬੈਠਾ ਹੋਇਆ ਹੈ, (ਉਸ ਦੀ ਆਪਣੀ ਹੀ ਮੇਹਰ ਨਾਲ ਜਗਤ ਵਿਚੋਂ) ਭਟਕਣਾ, (ਪਰਸਪਰ) ਵਿੱਥ ਤੇ ਡਰ-ਸਹਮ ਦੂਰ ਹੁੰਦਾ ਹੈ ॥੧੦॥
43668	1022	ਆਪੇ ਕਾਜੀ ਆਪੇ ਮੁਲਾ॥	ਮੁੱਲਾਂ	Aapae Kaajee Aapae Mulaa ||	He Himself is the Qazi; He Himself is the Mullah.	(ਸਭ ਜੀਵਾਂ ਵਿਚ ਆਪ ਹੀ ਵਿਆਪਕ ਹੋਣ ਕਰਕੇ) ਪ੍ਰਭੂ ਆਪ ਹੀ ਕਾਜ਼ੀ ਹੈ ਆਪ ਹੀ ਮੁੱਲਾਂ ਹੈ।
43669	1022	ਆਪਿ ਅਭੁਲੁ ਨ ਕਬਹੂ ਭੁਲਾ॥	ਅ-ਭੁੱਲੁ, ਭੁੱਲਾ	Aap Abhul N Kabehoo Bhulaa ||	He Himself is infallible; He never makes mistakes.	(ਜੀਵ ਤਾਂ ਮਾਇਆ ਦੇ ਮੋਹ ਵਿਚ ਫਸ ਕੇ ਭੁੱਲਾਂ ਕਰਦੇ ਰਹਿੰਦੇ ਹਨ, ਪਰ ਸਭ ਵਿਚ ਵਿਆਪਕ ਹੁੰਦਾ ਹੋਇਆ ਭੀ ਪ੍ਰਭੂ) ਆਪ ਅਭੁੱਲ ਹੈ, ਉਹ ਕਦੇ ਉਕਾਈ ਨਹੀਂ ਖਾਂਦਾ।
43670	1022	ਆਪੇ ਮਿਹਰ ਦਇਆ ਪਤਿ ਦਾਤਾ ਨਾ ਕਿਸੈ ਕੋ ਬੈਰਾਈ ਹੇ॥੧੧॥		Aapae Mihar Dhaeiaapath Dhaathaa Naa Kisai Ko Bairaaee Hae ||11||	He Himself is the Giver of Grace, compassion and honor; He is no one's enemy. ||11||	ਉਹ ਕਿਸੇ ਨਾਲ ਵੈਰ ਭੀ ਨਹੀਂ ਕਰਦਾ, ਉਹ ਸਦਾ ਮੇਹਰ ਦਾ ਮਾਲਕ ਹੈ ਦਇਆ ਦਾ ਸੋਮਾ ਹੈ ਸਭ ਜੀਵਾਂ ਨੂੰ ਦਾਤਾਂ ਦੇਂਦਾ ਹੈ ॥੧੧॥
43671	1022	ਜਿਸੁ ਬਖਸੇ ਤਿਸੁ ਦੇ ਵਡਿਆਈ॥		Jis Bakhasae This Dhae Vaddiaaee ||	Whoever He forgives, He blesses with glorious greatness.	ਪ੍ਰਭੂ ਜਿਸ ਜੀਵ ਉਤੇ ਬਖ਼ਸ਼ਸ਼ ਕਰਦਾ ਹੈ ਉਸ ਨੂੰ ਵਡਿਆਈ ਦੇਂਦਾ ਹੈ।

43672	1022	ਸਭਸੈ ਦਾਤਾ ਤਿਲੁ ਨ ਤਮਾਈ॥		Sabhasai Dhaathaa Thil N Thamaaee ||	He is the Giver of all; He does not have even an iota of greed.	ਹਰੇਕ ਜੀਵ ਨੂੰ ਦਾਤਾਂ ਦੇਣ ਵਾਲਾ ਹੈ (ਉਸ ਨੂੰ ਕਿਸੇ ਜੀਵ ਪਾਸੋਂ ਕਿਸੇ ਕਿਸਮ ਦਾ) ਰਤਾ ਭਰ ਭੀ ਕੋਈ ਲਾਲਚ ਨਹੀਂ ਹੈ।
43673	1022	ਭਰਪੁਰਿ ਧਾਰਿ ਰਹਿਆ ਨਿਹਕੇਵਲੁ ਗੁਪਤੁ ਪ੍ਰਗਟੁ ਸਭ ਠਾਈ ਹੇ॥੧੨॥		Bharapur Dhhaar Rehiaa Nihakaeval Gupath Pragatt Sabh Thaaee Hae ||12||	The Immaculate Lord is all pervading, permeating everywhere, both hidden and manifest. ||12||	ਸਭ ਜੀਵਾਂ ਵਿਚ ਵਿਆਪਕ ਹੋ ਕੇ ਸਭ ਨੂੰ ਆਸਰਾ ਦੇ ਰਿਹਾ ਹੈ (ਸਭ ਵਿਚ ਹੁੰਦਾ ਹੋਇਆ ਭੀ ਆਪ) ਪਵਿਤ੍ਰ ਹਸਤੀ ਵਾਲਾ ਹੈ। ਦਿੱਸਦਾ ਜਗਤ ਹੋਵੇ ਚਾਹੇ ਅਣਦਿੱਸਦਾ, ਪ੍ਰਭੂ ਹਰ ਥਾਂ ਮੌਜੂਦ ਹੈ ॥੧੨॥
43674	1022	ਕਿਆ ਸਾਲਾਹੀ ਅਗਮ ਅਪਾਰੈ॥		Kiaa Saalaahee Agam Apaarai ||	How can I praise the inaccessible, infinite Lord?	ਮੈਂ ਉਸ ਦੀ ਕੇਹੜੀ ਕੇਹੜੀ ਸਿਫ਼ਤ ਦੱਸ ਸਕਦਾ ਹਾਂ? ਪਰਮਾਤਮਾ ਅਪਹੁੰਚ ਹੈ, ਉਸ ਦੇ ਗੁਣਾਂ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ।
43675	1022	ਸਾਚੇ ਸਿਰਜਣਹਾਰ ਮੁਰਾਰੈ॥		Saachae Sirajanehaar Muraarai ||	The True Creator Lord is the Enemy of ego.	ਉਹ ਸਦਾ-ਥਿਰ ਰਹਿਣ ਵਾਲਾ ਹੈ, ਸਭ ਜੀਵਾਂ ਦਾ ਪੈਦਾ ਕਰਨ ਵਾਲਾ ਹੈ, ਤੇ ਦੈਂਤਾਂ ਦਾ ਨਾਸ ਕਰਨ ਵਾਲਾ ਹੈ।
43676	1022	ਜਿਸ ਨੋ ਨਦਰਿ ਕਰੇ ਤਿਸੁ ਮੇਲੇ ਮੇਲਿ ਮਿਲੈ ਮੇਲਾਈ ਹੇ॥੧੩॥		Jis No Nadhar Karae This Maelae Mael Milai Maelaaee Hae ||13||	He unites those whom He blesses with His Grace; uniting them in His Union, they are united. ||13||	ਜਿਸ ਜੀਵ ਉਤੇ ਮੇਹਰ ਦੀ ਨਜ਼ਰ ਕਰਦਾ ਹੈ ਉਸ ਨੂੰ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ, ਉਹ ਜੀਵ ਪ੍ਰਭੂ ਦੇ ਚਰਨਾਂ ਵਿਚ ਮਿਲਿਆ ਰਹਿੰਦਾ ਹੈ, ਪ੍ਰਭੂ ਆਪ ਹੀ ਮਿਲਾਈ ਰੱਖਦਾ ਹੈ ॥੧੩॥

43677	1022	ਬ੍ਰਹਮਾ ਬਿਸਨੁ ਮਹੇਸੁ ਦੁਆਰੈ॥		Brehamaa Bisan Mehaes Dhuaarai ||	Brahma, Vishnu and Shiva stand at His Door;	(ਵੱਡੇ ਵੱਡੇ ਦੇਵਤੇ ਭੀ ਪ੍ਰਭੂ ਦੇ) ਦਰ ਤੇ ਕੀਹ ਬ੍ਰਹਮਾ, ਕੀਹ ਵਿਸ਼ਨੂੰ ਤੇ ਕੀਹ ਸ਼ਿਵ-
43678	1022	ਊਭੇ ਸੇਵਹਿ ਅਲਖ ਅਪਾਰੈ॥	ਅ-ਲਖ	Oobhae Saevehi Alakh Apaarai ||	They serve the unseen, infinite Lord.	ਸਾਰੇ ਉਸ ਅਲੱਖ ਤੇ ਅਪਾਰ (ਪ੍ਰਭੂ ਦੇ ਦਰ ਤੇ) ਖਲੋਤੇ ਸੇਵਾ ਵਿਚ ਹਾਜ਼ਰ ਰਹਿੰਦੇ ਹਨ।
43679	1022	ਹੋਰ ਕੇਤੀ ਦਰਿ ਦੀਸੈ ਬਿਲਲਾਦੀ ਮੈ ਗਣਤ ਨ ਆਵੈ ਕਾਈ ਹੇ॥੧੪॥		Hor Kaethee Dhar Dheesai Bilalaadhee Mai Ganath N Aavai Kaaee Hae ||14||	Millions of others can be seen crying at His door; I cannot even estimate their numbers. ||14||	ਹੋਰ ਭੀ ਇਤਨੀ ਬੇਅੰਤ ਲੋਕਾਈ ਉਸ ਦੇ ਦਰ ਤੇ ਤਰਲੇ ਲੈਂਦੀ ਦਿੱਸ ਰਹੀ ਹੈ ਕਿ ਮੈਥੋਂ ਕੋਈ ਗਿਣਤੀ ਨਹੀਂ ਹੋ ਸਕਦੀ ॥੧੪॥
43680	1022	ਸਾਚੀ ਕੀਰਤਿ ਸਾਚੀ ਬਾਣੀ॥		Saachee Keerath Saachee Baanee ||	True is the Kirtan of His Praise, and True is the Word of His Bani.	ਪਰਮਾਤਮਾ ਦੀ ਸਿਫ਼ਤ-ਸਾਲਾਹ ਤੇ ਸਿਫ਼ਤ-ਸਾਲਾਹ ਦੀ ਬਾਣੀ ਹੀ ਸਦਾ-ਥਿਰ ਰਹਿਣ ਵਾਲਾ ਸਰਮਾਇਆ ਹੈ।
43681	1022	ਹੋਰ ਨ ਦੀਸੈ ਬੇਦ ਪੁਰਾਣੀ॥		Hor N Dheesai Baedh Puraanee ||	I can see no other in the Vedas and the Puraanas.	ਵੇਦ ਪੁਰਾਣ ਆਦਿਕ ਧਰਮ-ਪੁਸਤਕਾਂ ਵਿਚ ਭੀ ਇਸ ਰਾਸਿ-ਪੂੰਜੀ ਤੋਂ ਬਿਨਾ ਕੋਈ ਹੋਰ ਸਦਾ-ਥਿਰ ਰਹਿਣ ਵਾਲਾ ਪਦਾਰਥ ਨਹੀਂ ਦਿੱਸਦਾ।
43682	1022	ਪੂੰਜੀ ਸਾਚੁ ਸਚੇ ਗੁਣ ਗਾਵਾ ਮੈ ਧਰ ਹੋਰ ਨ ਕਾਈ ਹੇ॥੧੫॥		Poonjee Saach Sachae Gun Gaavaa Mai Dhhar Hor N Kaaee Hae ||15||	Truth is my capital; I sing the Glorious Praises of the True Lord. I have no other support at all. ||15||	ਪ੍ਰਭੂ ਦਾ ਨਾਮ ਹੀ ਅਟੱਲ ਪੂੰਜੀ ਹੈ, ਮੈਂ ਉਸ ਸਦਾ ਅਟੱਲ ਪ੍ਰਭੂ ਦੇ ਗੁਣ ਗਾਂਦਾ ਹਾਂ, ਮੈਨੂੰ ਉਸ ਤੋਂ ਬਿਨਾ ਕੋਈ ਹੋਰ ਆਸਰਾ ਨਹੀਂ ਦਿੱਸਦਾ ॥੧੫॥

43683	1022	ਜੁਗੁ ਜੁਗੁ ਸਾਚਾ ਹੈ ਭੀ ਹੋਸੀ॥		Jug Jug Saachaa Hai Bhee Hosee ||	In each and every age, the True Lord is, and shall always be.	ਪ੍ਰਭੂ ਹਰੇਕ ਜੁਗ ਵਿਚ ਕਾਇਮ ਰਹਿਣ ਵਾਲਾ ਹੈ, ਹੁਣ ਭੀ ਮੌਜੂਦ ਹੈ, ਸਦਾ ਹੀ ਕਾਇਮ ਰਹੇਗਾ।
43684	1022	ਕਉਣੁ ਨ ਮੂਆ ਕਉਣੁ ਨ ਮਰਸੀ॥		Koun N Mooaa Koun N Marasee ||	Who has not died? Who shall not die?	ਜਗਤ ਵਿਚ ਹੋਰ ਜੇਹੜਾ ਭੀ ਜੀਵ ਆਇਆ ਉਹ (ਆਖ਼ਰ) ਮਰ ਗਿਆ, ਜੇਹੜਾ ਭੀ ਆਵੇਗਾ ਉਹ (ਜ਼ਰੂਰ) ਮਰੇਗਾ।
43685	1022	ਨਾਨਕੁ ਨੀਚੁ ਕਹੈ ਬੇਨੰਤੀ ਦਰਿ ਦੇਖਹੁ ਲਿਵ ਲਾਈ ਹੇ॥੧੬॥੨॥		Naanak Neech Kehai Baenanthee Dhar Dhaekhahu Liv Laaee Hae ||16||2||	Nanak the lowly offers this prayer; see Him within your own self, and lovingly focus on the Lord. ||16||2||	ਗਰੀਬ ਨਾਨਕ ਬੇਨਤੀ ਕਰਦਾ ਹੈ-ਹੇ ਪ੍ਰਭੂ! ਤੂੰ ਆਪਣੇ ਦਰਬਾਰ ਵਿਚ ਬੈਠਾ ਸਭ ਜੀਵਾਂ ਦੀ ਬੜੇ ਧਿਆਨ ਨਾਲ ਸੰਭਾਲ ਕਰ ਰਿਹਾ ਹੈਂ ॥੧੬॥੨॥
43686	1022	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
43687	1022	ਦੂਜੀ ਦੁਰਮਤਿ ਅੰਨੀ ਬੋਲੀ॥	ਦੁਰ-ਮੱਤਿ ਅੰਨ੍ਹੀ	Dhoojee Dhuramath Annee Bolee ||	In duality and evil-mindedness, the soul-bride is blind and deaf.	ਪ੍ਰਭੂ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਝਾਕ ਐਸੀ ਭੈੜੀ ਮੱਤ ਹੈ ਕਿ ਇਸ ਵਿਚ ਫਸੀ ਹੋਈ ਜੀਵ-ਇਸਤ੍ਰੀ ਅੰਨ੍ਹੀ ਤੇ ਬੋਲੀ ਹੋ ਜਾਂਦੀ ਹੈ (ਨਾਹ ਉਹ ਅੱਖਾਂ ਨਾਲ ਪਰਮਾਤਮਾ ਨੂੰ ਵੇਖ ਸਕਦੀ ਹੈ, ਨਾਹ ਉਹ ਕੰਨਾਂ ਨਾਲ ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣ ਸਕਦੀ ਹੈ)।

43688	1022	ਕਾਮ ਕ੍ਰੋਧ ਕੀ ਕਚੀ ਚੋਲੀ॥	ਕੱਚੀ।ਚੋਲੀ: ਪੋਲਾ ਬੋਲੋ	Kaam Krodhh Kee Kachee Cholee ||	She wears the dress of sexual desire and anger.	ਉਸ ਦਾ ਸਰੀਰ ਕਾਮ ਕ੍ਰੋਧ ਆਦਿਕ ਵਿਚ ਗਲਦਾ ਰਹਿੰਦਾ ਹੈ।
43689	1022	ਘਰਿ ਵਰੁ ਸਹਜੁ ਨ ਜਾਣੈ ਛੋਹਰਿ ਬਿਨੁ ਪਿਰ ਨੀਦ ਨ ਪਾਈ ਹੇ॥੧॥		Ghar Var Sehaj N Jaanai Shhohar Bin Pir Needh N Paaee Hae ||1||	Her Husband Lord is within the home of her own heart, but she does not know Him; without her Husband Lord, she cannot go to sleep. ||1||	ਪਤੀ-ਪ੍ਰਭੂ ਉਸ ਦੇ ਹਿਰਦੇ-ਘਰ ਵਿਚ ਵੱਸਦਾ ਹੈ, ਪਰ ਉਹ ਅੰਞਾਣ ਜੀਵ-ਇਸਤ੍ਰੀ ਉਸ ਨੂੰ ਪਛਾਣ ਨਹੀਂ ਸਕਦੀ, ਆਤਮਕ ਅਡੋਲਤਾ ਉਸ ਦੇ ਅੰਦਰ ਹੀ ਹੈ ਪਰ ਉਹ ਸਮਝ ਨਹੀਂ ਸਕਦੀ। ਪਤੀ-ਪ੍ਰਭੂ ਤੋਂ ਵਿਛੁੜੀ ਹੋਈ ਨੂੰ ਸ਼ਾਂਤੀ ਨਸੀਬ ਨਹੀਂ ਹੁੰਦੀ ॥੧॥
43690	1022	ਅੰਤਰਿ ਅਗਨਿ ਜਲੈ ਭੜਕਾਰੇ॥	(ਭੜਕਾਰੇ) ਭੜ, ਭੜ ਕਰਕੇ ਸੜਦਾ ਹੈ ਵਾ ਕ੍ਰੋਧ ਨਾਲ ਚੌਂਕ ਉੱਠਦਾ ਹੈ	Anthar Agan Jalai Bharrakaarae ||	The great fire of desire blazes within her.	ਉਸ ਦੇ ਅੰਦਰ ਤ੍ਰਿਸ਼ਨਾ ਦੀ ਅੱਗ ਭੜ ਭੜ ਕਰ ਕੇ ਬਲਦੀ ਹੈ।
43691	1022	ਮਨਮੁਖੁ ਤਕੇ ਕੁੰਡਾ ਚਾਰੇ॥	ਤੱਕੇ, ਕੁੰਡਾਂ	Manamukh Thakae Kunddaa Chaarae ||	The self-willed manmukh looks around in the four directions.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ) ਦੀ ਖ਼ਾਤਰ ਚੌਂਹੀਂ ਪਾਸੀਂ ਭਟਕਦਾ ਹੈ।
43692	1022	ਬਿਨੁ ਸਤਿਗੁਰ ਸੇਵੇ ਕਿਉ ਸੁਖੁ ਪਾਈਐ ਸਾਚੇ ਹਾਥਿ ਵਡਾਈ ਹੇ॥੨॥		Bin Sathigur Saevae Kio Sukh Paaeeai Saachae Haathh Vaddaaee Hae ||2||	Without serving the True Guru, how can she find peace? Glorious greatness rests in the hands of the True Lord. ||2||	ਸਤਿਗੁਰੂ ਦੀ ਦੱਸੀ ਸੇਵਾ ਕਰਨ ਤੋਂ ਬਿਨਾ ਆਤਮਕ ਆਨੰਦ ਨਹੀਂ ਮਿਲ ਸਕਦਾ, ਇਹ ਵਡਿਆਈ ਸਦਾ-ਥਿਰ ਪ੍ਰਭੂ ਦੇ ਆਪਣੇ ਹੱਥ ਵਿਚ ਹੈ (ਜਿਸ ਉਤੇ ਮੇਹਰ ਕਰੇ ਉਸੇ ਨੂੰ ਦੇਂਦਾ ਹੈ) ॥੨॥

43693	1022	ਕਾਮੁ ਕ੍ਰੋਧੁ ਅਹੰਕਾਰੁ ਨਿਵਾਰੇ॥		Kaam Krodhh Ahankaar Nivaarae ||	Eradicating sexual desire, anger and egotism,	(ਗੁਰੂ ਦੀ ਸਰਨ ਪੈ ਕੇ ਜੇਹੜਾ ਮਨੁੱਖ ਆਪਣੇ ਅੰਦਰੋਂ) ਕਾਮ ਕ੍ਰੋਧ ਅਹੰਕਾਰ ਨੂੰ ਦੂਰ ਕਰਦਾ ਹੈ,
43694	1022	ਤਸਕਰ ਪੰਚ ਸਬਦਿ ਸੰਘਾਰੇ॥		Thasakar Panch Sabadh Sanghaarae ||	She destroys the five thieves through the Word of the Shabad.	ਗੁਰੂ ਦੇ ਸ਼ਬਦ ਵਿਚ ਜੁੜ ਕੇ ਕਾਮਾਦਿਕ ਪੰਜ ਚੋਰਾਂ ਨੂੰ ਮਾਰਦਾ ਹੈ,
43695	1022	ਗਿਆਨ ਖੜਗੁ ਲੈ ਮਨ ਸਿਉ ਲੂਝੈ ਮਨਸਾ ਮਨਹਿ ਸਮਾਈ ਹੇ॥੩॥		Giaan Kharrag Lai Man Sio Loojhai Manasaa Manehi Samaaee Hae ||3||	Taking up the sword of spiritual wisdom, she struggles with her mind, and hope and desire are smoothed over in her mind. ||3||	ਗੁਰੂ ਤੋਂ ਮਿਲੇ ਗਿਆਨ ਦੀ ਤਲਵਾਰ ਲੈ ਕੇ ਆਪਣੇ ਮਨ ਨਾਲ ਲੜਾਈ ਕਰਦਾ ਹੈ, ਉਸ ਦੇ ਮਨ ਦਾ ਮਾਇਕ ਫੁਰਨਾ ਮਨ ਦੇ ਵਿਚ ਹੀ ਮੁੱਕ ਜਾਂਦਾ ਹੈ (ਭਾਵ, ਮਨ ਵਿਚ ਮਾਇਕ ਫੁਰਨੇ ਉੱਠਦੇ ਹੀ ਨਹੀਂ) ॥੩॥
43696	1022	ਮਾ ਕੀ ਰਕਤੁ ਪਿਤਾ ਬਿਦੁ ਧਾਰਾ॥	ਮਾਂ, ਬਿੰਦੁ	Maa Kee Rakath Pithaa Bidh Dhhaaraa ||	From the union of the mother's egg and the father's sperm,	ਮਾਂ ਦਾ ਲਹੂ ਤੇ ਪਿਉ ਦਾ ਵੀਰਜ ਦੀ ਬੂੰਦ ਨੂੰ ਰਲਾ ਕੇ-
43697	1022	ਮੂਰਤਿ ਸੂਰਤਿ ਕਰਿ ਆਪਾਰਾ॥		Moorath Soorath Kar Aapaaraa ||	The form of infinite beauty has been created.	ਹੇ ਅਪਾਰ ਪ੍ਰਭੂ! ਤੂੰ ਮਨੁੱਖ ਦਾ ਬੁੱਤ ਬਣਾ ਦਿੱਤਾ ਸੋਹਣੀ ਸ਼ਕਲ ਬਣਾ ਦਿੱਤੀ।
43698	1022	ਜੋਤਿ ਦਾਤਿ ਜੇਤੀ ਸਭ ਤੇਰੀ ਤੂ ਕਰਤਾ ਸਭ ਠਾਈ ਹੇ॥੪॥		Joth Dhaath Jaethee Sabh Thaeree Thoo Karathaa Sabh Thaaee Hae ||4||	The blessings of light all come from You; You are the Creator Lord, pervading everywhere. ||4||	ਹਰੇਕ ਜੀਵ ਦੇ ਅੰਦਰ ਤੇਰੀ ਹੀ ਜੋਤਿ ਹੈ, ਜਿਹੜੀ ਭੀ ਪਦਾਰਥਾਂ ਦੀ ਬਖ਼ਸ਼ਸ਼ ਹੈ ਸਭ ਤੇਰੀ ਹੀ ਹੈ, ਤੂੰ ਸਿਰਜਣਹਾਰ ਹਰ ਥਾਂ ਮੌਜੂਦ ਹੈਂ ॥੪॥

43699	1022	ਤੁਝ ਹੀ ਕੀਆ ਜੰਮਣ ਮਰਣਾ॥		Thujh Hee Keeaa Janman Maranaa ||	You have created birth and death.	ਹੇ ਪ੍ਰਭੂ! ਜਨਮ ਤੇ ਮਰਨ (ਦਾ ਸਿਲਸਿਲਾ) ਤੂੰ ਹੀ ਬਣਾਇਆ ਹੈ,
43700	1022	ਗੁਰ ਤੇ ਸਮਝ ਪੜੀ ਕਿਆ ਡਰਣਾ॥		Gur Thae Samajh Parree Kiaa Ddaranaa ||	Why should anyone fear, if they come to understand through the Guru?	ਜਿਸ ਮਨੁੱਖ ਨੂੰ ਗੁਰੂ ਪਾਸੋਂ ਇਹ ਸੂਝ ਪੈ ਜਾਏ ਉਹ ਫਿਰ ਮੌਤ ਤੋਂ ਨਹੀਂ ਡਰਦਾ।
43701	1022	ਤੂ ਦਇਆਲੁ ਦਇਆ ਕਰਿ ਦੇਖਹਿ ਦੁਖੁ ਦਰਦੁ ਸਰੀਰਹੁ ਜਾਈ ਹੇ॥੫॥		Thoo Dhaeiaal Dhaeiaa Kar Dhaekhehi Dhukh Dharadh Sareerahu Jaaee Hae ||5||	When You, O Merciful Lord, look with Your kindness, then pain and suffering leave the body. ||5||	ਹੇ ਪ੍ਰਭੂ! ਤੂੰ ਦਇਆ ਦਾ ਘਰ ਹੈਂ, ਜਿਸ ਮਨੁੱਖ ਵਲ ਤੂੰ ਮੇਹਰ ਦੀ ਨਿਗਾਹ ਕਰ ਕੇ ਵੇਖਦਾ ਹੈਂ ਉਸ ਦੇ ਸਰੀਰ ਵਿਚੋਂ ਦੁਖ ਦਰਦ ਦੂਰ ਹੋ ਜਾਂਦਾ ਹੈ ॥੫॥
43702	1022	ਨਿਜ ਘਰਿ ਬੈਸਿ ਰਹੇ ਭਉ ਖਾਇਆ॥		Nij Ghar Bais Rehae Bho Khaaeiaa ||	One who sits in the home of his own self, eats his own fears.	(ਗੁਰੂ ਦੀ ਸਰਨ ਪੈ ਕੇ) ਜੇਹੜੇ ਮਨੁੱਖ ਆਪਣੇ ਹਿਰਦੇ (ਵਿਚ ਵੱਸਦੇ ਪਰਮਾਤਮਾ ਦੀ ਯਾਦ) ਵਿਚ ਟਿਕੇ ਰਹਿੰਦੇ ਹਨ ਉਹ ਮੌਤ ਦਾ ਡਰ ਮੁਕਾ ਲੈਂਦੇ ਹਨ,
43703	1022	ਧਾਵਤ ਰਾਖੇ ਠਾਕਿ ਰਹਾਇਆ॥		Dhhaavath Raakhae Thaak Rehaaeiaa ||	He quiets and holds his wandering mind still.	ਉਹ ਆਪਣੇ ਮਨ ਨੂੰ ਮਾਇਆ ਦੇ ਪਿੱਛੇ ਦੌੜਨੋਂ ਬਚਾ ਲੈਂਦੇ ਹਨ ਤੇ (ਮਾਇਆ ਵਲੋਂ) ਰੋਕ ਕੇ (ਪ੍ਰਭੂ-ਚਰਨਾਂ ਵਿਚ) ਟਿਕਾਂਦੇ ਹਨ।

43704	1022	ਕਮਲ ਬਿਗਾਸ ਹਰੇ ਸਰ ਸੁਭਰ ਆਤਮ ਰਾਮੁ ਸਖਾਈ ਹੇ॥੬॥	ਸੁੱਭਰ	Kamal Bigaas Harae Sar Subhar Aatham Raam Sakhaaee Hae ||6||	His heart-lotus blossoms forth in the overflowing green pool, and the Lord of his soul becomes his companion and helper. ||6||	ਉਹਨਾਂ ਦੇ ਹਿਰਦੇ ਕਮਲ ਖਿੜ ਪੈਂਦੇ ਹਨ, ਹਰੇ ਹੋ ਜਾਂਦੇ ਹਨ, ਉਹਨਾਂ ਦੇ (ਗਿਆਨ ਇੰਦ੍ਰੇ-ਰੂਪ) ਤਲਾਬ (ਨਾਮ-ਅੰਮ੍ਰਿਤ ਨਾਲ) ਨਕਾਨਕ ਭਰੇ ਰਹਿੰਦੇ ਹਨ, ਸਰਬ-ਵਿਆਪਕ ਪਰਮਾਤਮਾ ਉਹਨਾਂ ਦਾ (ਸਦਾ ਲਈ) ਮਿੱਤਰ ਬਣ ਜਾਂਦਾ ਹੈ ॥੬॥
43705	1022	ਮਰਣੁ ਲਿਖਾਇ ਮੰਡਲ ਮਹਿ ਆਏ॥		Maran Likhaae Manddal Mehi Aaeae ||	With their death already ordained, mortals come into this world.	ਜੇਹੜੇ ਭੀ ਜੀਵ ਜਗਤ ਵਿਚ ਆਉਂਦੇ ਹਨ ਉਹ ਮੌਤ (ਦਾ ਪਰਵਾਨਾ ਆਪਣੇ ਸਿਰ ਉਤੇ) ਲਿਖਾ ਕੇ ਹੀ ਆਉਂਦੇ ਹਨ।
43706	1022	ਕਿਉ ਰਹੀਐ ਚਲਣਾ ਪਰਥਾਏ॥	(ਪਰਥਾਏ) ਪ੍ਰਲੋਕ। ਚੱਲਣਾ	Kio Reheeai Chalanaa Parathhaaeae ||	How can they remain here? They have to go to the world beyond.	ਕਿਸੇ ਭੀ ਹਾਲਤ ਵਿਚ ਕੋਈ ਜੀਵ ਇਥੇ ਸਦਾ ਨਹੀਂ ਰਹਿ ਸਕਦਾ, ਹਰੇਕ ਨੇ ਪਰਲੋਕ ਵਿਚ ਜ਼ਰੂਰ ਹੀ ਜਾਣਾ ਹੈ।
43707	1022	ਸਚਾ ਅਮਰੁ ਸਚੇ ਅਮਰਾ ਪੁਰਿ ਸੋ ਸਚੁ ਮਿਲੈ ਵਡਾਈ ਹੇ॥੭॥		Sachaa Amar Sachae Amaraa Pur So Sach Milai Vaddaaee Hae ||7||	True is the Lord's Command; the true ones dwell in the eternal city. The True Lord blesses them with glorious greatness. ||7||	ਪਰਮਾਤਮਾ ਦਾ ਇਹ ਸਦਾ-ਕਾਇਮ ਰਹਿਣ ਵਾਲਾ ਹੁਕਮ (ਅਮਰ) ਹੈ। ਜੇਹੜੇ ਬੰਦੇ ਸਦਾ-ਥਿਰ ਪ੍ਰਭੂ ਦੀ ਸਦਾ-ਥਿਰ ਪੁਰੀ ਵਿਚ ਟਿਕੇ ਰਹਿੰਦੇ ਹਨ ਉਹਨਾਂ ਨੂੰ ਸਦਾ-ਥਿਰ ਪ੍ਰਭੂ ਮਿਲ ਪੈਂਦਾ ਹੈ, ਉਹਨਾਂ ਨੂੰ (ਪ੍ਰਭੂ-ਮਿਲਾਪ ਦੀ ਇਹ) ਵਡਿਆਈ ਮਿਲਦੀ ਹੈ ॥੭॥
43708	1022	ਆਪਿ ਉਪਾਇਆ ਜਗਤੁ ਸਬਾਇਆ॥	ਜੱਗਤੁ	Aap Oupaaeiaa Jagath Sabaaeiaa ||	He Himself created the whole world.	ਇਹ ਸਾਰਾ ਜਗਤ ਪ੍ਰਭੂ ਨੇ ਆਪ ਹੀ ਪੈਦਾ ਕੀਤਾ ਹੈ।

43709	1022	ਜਿਨਿ ਸਿਰਿਆ ਤਿਨਿ ਧੰਧੈ ਲਾਇਆ॥		Jin Siriaa Thin Dhhandhhai Laaeiaa ||	The One who made it, assigns the tasks to it.	ਜਿਸ (ਪ੍ਰਭੂ) ਨੇ (ਜਗਤ) ਪੈਦਾ ਕੀਤਾ ਹੈ ਉਸ ਨੇ (ਆਪ ਹੀ) ਇਸ ਨੂੰ ਮਾਇਆ ਦੀ ਦੌੜ-ਭੱਜ ਵਿਚ ਲਾ ਦਿੱਤਾ ਹੈ।
43710	1023	ਸਚੈ ਊਪਰਿ ਅਵਰ ਨ ਦੀਸੈ ਸਾਚੇ ਕੀਮਤਿ ਪਾਈ ਹੇ॥੮॥		Sachai Oopar Avar N Dheesai Saachae Keemath Paaee Hae ||8||	I cannot see any other above the True Lord. The True Lord does the appraisal. ||8||	ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ (ਸਿਰ) ਉਤੇ ਕੋਈ ਹੋਰ (ਤਾਕਤ) ਨਹੀਂ ਦਿੱਸਦੀ ਜੋ ਉਸ ਸਦਾ-ਥਿਰ (ਦੀ ਸਮਰਥਾ) ਦਾ ਮੁੱਲ ਪਾ ਸਕੇ ॥੮॥
43711	1023	ਐਥੈ ਗੋਇਲੜਾ ਦਿਨ ਚਾਰੇ॥		Aithhai Goeilarraa Dhin Chaarae ||	In this green pasture, the mortal stays only a few days.	(ਜਿਵੇਂ ਔੜ ਦੇ ਦਿਨੀਂ ਦਰਿਆਵਾਂ ਦੇ ਕੰਢੇ ਮਾਲ ਡੰਗਰ ਚਾਰਨ ਆਏ ਲੋਕਾਂ ਦਾ ਉਥੇ ਥੋੜੇ ਹੀ ਦਿਨਾਂ ਲਈ ਟਿਕਾਣਾ ਹੁੰਦਾ ਹੈ, ਤਿਵੇਂ) ਇਥੇ ਜਗਤ ਵਿਚ ਜੀਵਾਂ ਦਾ ਚਾਰ ਦਿਨਾਂ ਦਾ ਹੀ ਵਸੇਬਾ ਹੈ।
43712	1023	ਖੇਲੁ ਤਮਾਸਾ ਧੁੰਧੂਕਾਰੇ॥		Khael Thamaasaa Dhhundhhookaara e ||	He plays and frolics in utter darkness.	ਇਹ ਜਗਤ ਇਕ ਖੇਡ ਹੈ, ਇਕ ਤਮਾਸ਼ਾ ਹੈ, ਪਰ (ਜੀਵ ਮਾਇਆ ਦੇ ਮੋਹ ਦੇ ਕਾਰਨ ਅਗਿਆਨਤਾ ਦੇ) ਘੁੱਪ ਹਨੇਰੇ ਵਿਚ ਫਸੇ ਪਏ ਹਨ।

43713	1023	ਬਾਜੀ ਖੇਲਿ ਗਏ ਬਾਜੀਗਰ ਜਿਉ ਨਿਸਿ ਸੁਪਨੈ ਭਖਲਾਈ ਹੇ॥੯॥		Baajee Khael Geae Baajeegar Jio Nis Supanai Bhakhalaaee Hae ||9||	The jugglers have staged their show, and left, like people mumbling in a dream. ||9||	ਬਾਜੀਗਰਾਂ ਵਾਂਗ ਜੀਵ (ਮਾਇਆ ਦੀ) ਬਾਜੀ ਖੇਡ ਕੇ ਚਲੇ ਜਾਂਦੇ ਹਨ, (ਇਸ ਖੇਡ ਵਿਚੋਂ ਕਿਸੇ ਦੇ ਹੱਥ-ਪੱਲੇ ਕੁਝ ਨਹੀਂ ਪੈਂਦਾ) ਜਿਵੇਂ ਰਾਤ ਨੂੰ ਸੁਪਨੇ ਵਿਚ ਕੋਈ ਬੰਦਾ (ਧਨ ਲੱਭ ਕੇ) ਬਰੜਾਂਦਾ ਹੈ (ਪਰ ਸੁਪਨਾ ਟੁੱਟਿਆਂ ਕੁਝ ਭੀ ਨਹੀਂ ਰਹਿੰਦਾ) ॥੯॥
43714	1023	ਤਿਨ ਕਉ ਤਖਤਿ ਮਿਲੀ ਵਡਿਆਈ॥		Thin Ko Thakhath Milee Vaddiaaee ||	They alone are blessed with glorious greatness at the Lord's throne,	(ਉਹ ਮਨੁੱਖ ਮਾਨੋ, ਆਤਮਕ ਮੰਡਲ ਵਿਚ ਬਾਦਸ਼ਾਹ ਬਣ ਜਾਂਦੇ ਹਨ) ਉਹਨਾਂ ਨੂੰ ਤਖ਼ਤ ਉਤੇ ਬੈਠਣ ਦੀ ਵਡਿਆਈ ਮਿਲਦੀ ਹੈ (ਉਹ ਸਦਾ ਆਪਣੇ ਹਿਰਦੇ-ਤਖ਼ਤ ਉਤੇ ਬੈਠਦੇ ਹਨ),
43715	1023	ਨਿਰਭਉ ਮਨਿ ਵਸਿਆ ਲਿਵ ਲਾਈ॥		Nirabho Man Vasiaa Liv Laaee ||	Who enshrine the fearless Lord in their minds, and lovingly center themselves on Him.	ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਉਹ ਨਿਰਭਉ ਪ੍ਰਭੂ ਵੱਸ ਪੈਂਦਾ ਹੈ, ਜੇਹੜੇ ਮਨੁੱਖ ਉਸ ਪ੍ਰਭੂ ਦੀ ਯਾਦ ਵਿਚ ਜੁੜਦੇ ਹਨ।
43716	1023	ਖੰਡੀ ਬ੍ਰਹਮੰਡੀ ਪਾਤਾਲੀ ਪੁਰੀਈ ਤ੍ਰਿਭਵਣ ਤਾੜੀ ਲਾਈ ਹੇ॥੧੦॥	ਪਾਤਾਲੀਂ, ਪੁਰੀ-ਈਂ	Khanddee Brehamanddee Paathaalee Pureeee Thribhavan Thaarree Laaee Hae ||10||	In the galaxies and solar systems, nether regions, celestial realms and the three worlds, the Lord is in the primal void of deep absorption. ||10||	ਉਹ ਪਰਮਾਤਮਾ ਸਾਰੇ ਖੰਡਾਂ ਬ੍ਰਹਮੰਡਾਂ ਪਾਤਾਲਾਂ ਮੰਡਲਾਂ ਵਿਚ ਤਿੰਨਾਂ ਹੀ ਭਵਨਾਂ ਵਿਚ ਗੁਪਤ ਰੂਪ ਵਿਚ ਵਿਆਪਕ ਹੈ ॥੧੦॥

43717	1023	ਸਾਚੀ ਨਗਰੀ ਤਖਤੁ ਸਚਾਵਾ॥	ਨੱਗਰੀ, ਸੱਚਾਵਾ	Saachee Nagaree Thakhath Sachaavaa ||	True is the village, and true is the throne,	ਉਸ ਮਨੁੱਖ ਦਾ ਇਹ ਸਰੀਰ ਉਸ ਦਾ ਇਹ ਹਿਰਦਾ-ਤਖ਼ਤ ਸਦਾ-ਥਿਰ ਪ੍ਰਭੂ ਦਾ ਨਿਵਾਸ-ਥਾਂ ਬਣ ਜਾਂਦਾ ਹੈ,
43718	1023	ਗੁਰਮੁਖਿ ਸਾਚੁ ਮਿਲੈ ਸੁਖੁ ਪਾਵਾ॥		Guramukh Saach Milai Sukh Paavaa ||	Of those Gurmukhs who meet with the True Lord, and find peace.	ਜਿਸ ਮਨੁੱਖ ਨੂੰ ਗੁਰੂ ਦੇ ਸਨਮੁਖ ਹੋ ਕੇ ਸਦਾ-ਥਿਰ ਪ੍ਰਭੂ ਮਿਲ ਪੈਂਦਾ ਹੈ ਉਸ ਨੂੰ ਆਤਮਕ ਆਨੰਦ ਪ੍ਰਾਪਤ ਹੋ ਜਾਂਦਾ ਹੈ।
43719	1023	ਸਾਚੇ ਸਾਚੈ ਤਖਤਿ ਵਡਾਈ ਹਉਮੈ ਗਣਤ ਗਵਾਈ ਹੇ॥੧੧॥		Saachae Saachai Thakhath Vaddaaee Houmai Ganath Gavaaee Hae ||11||	In Truth, seated upon the true throne, they are blessed with glorious greatness; their egotism is eradicated, along with the calculation of their account. ||11||	ਉਸ ਮਨੁੱਖ ਨੂੰ ਸਦਾ-ਥਿਰ ਪ੍ਰਭੂ ਦੇ ਸਦਾ-ਥਿਰ ਤਖ਼ਤ ਉਤੇ (ਮਾਇਆ ਵਲੋਂ ਸਦਾ ਅਡੋਲ ਰਹਿਣ ਵਾਲੇ ਹਿਰਦੇ-ਤਖ਼ਤ ਉਤੇ ਬੈਠਣ ਦੀ) ਵਡਿਆਈ ਮਿਲਦੀ ਹੈ। ਉਹ ਮਨੁੱਖ ਹਉਮੈ ਤੇ ਮਾਇਆ ਦੀਆਂ ਸੋਚਾਂ ਦੂਰ ਕਰ ਲੈਂਦਾ ਹੈ ॥੧੧॥
43720	1023	ਗਣਤ ਗਣੀਐ ਸਹਸਾ ਜੀਐ॥		Ganath Ganeeai Sehasaa Jeeai ||	Calculating its account, the soul becomes anxious.	ਜਿਤਨਾ ਚਿਰ ਮਾਇਆ ਦੀਆਂ ਸੋਚਾਂ ਸੋਚਦੇ ਰਹੀਏ ਜਿੰਦ ਵਿਚ ਸਹਮ ਬਣਿਆ ਹੀ ਰਹਿੰਦਾ ਹੈ,
43721	1023	ਕਿਉ ਸੁਖੁ ਪਾਵੈ ਦੂਐ ਤੀਐ॥		Kio Sukh Paavai Dhooai Theeai ||	How can one find peace, through duality and the three gunas - the three qualities?	ਨਾਹ ਹੀ ਪ੍ਰਭੂ ਤੋਂ ਬਿਨਾ ਕਿਸੇ ਹੋਰ ਝਾਕ ਵਿਚ ਤੇ ਨਾਹ ਹੀ ਤ੍ਰਿਗੁਣੀ ਮਾਇਆ ਦੀ ਲਗਨ ਵਿਚ-ਸੁਖ ਕਿਤੇ ਨਹੀਂ ਮਿਲਦਾ।

43722	1023	ਨਿਰਮਲੁ ਏਕੁ ਨਿਰੰਜਨੁ ਦਾਤਾ ਗੁਰ ਪੂਰੇ ਤੇ ਪਤਿ ਪਾਈ ਹੇ॥੧੨॥		Niramal Eaek Niranjan Dhaathaa Gur Poorae Thae Path Paaee Hae ||12||	The One Lord is immaculate and formless, the Great Giver; through the Perfect Guru, honor is obtained. ||12||	ਜਿਸ ਮਨੁੱਖ ਨੇ ਪੂਰੇ ਗੁਰੂ ਦੀ ਸਰਨ ਪੈ ਕੇ ਇੱਜ਼ਤ ਖੱਟ ਲਈ (ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਸਭ ਦਾਤਾਂ ਦੇਣ ਵਾਲਾ ਇਕ ਪਰਮਾਤਮਾ ਹੀ ਹੈ ਜੋ ਪਵਿਤ੍ਰ-ਸਰੂਪ ਹੈ ਤੇ ਜਿਸ ਉਤੇ ਮਾਇਆ-ਕਾਲਖ ਦਾ ਪ੍ਰਭਾਵ ਨਹੀਂ ਪੈਂਦਾ ॥੧੨॥
43723	1023	ਜੁਗਿ ਜੁਗਿ ਵਿਰਲੀ ਗੁਰਮੁਖਿ ਜਾਤਾ॥		Jug Jug Viralee Guramukh Jaathaa ||	In each and every age, very rare are those who, as Gurmukh, realize the Lord.	ਹਰੇਕ ਜੁਗ ਵਿਚ (ਭਾਵ, ਜੁਗ ਭਾਵੇਂ ਕੋਈ ਹੋਵੇ) ਕਿਸੇ ਉਸ ਵਿਰਲੇ ਨੇ ਹੀ ਸਦਾ-ਥਿਰ ਪ੍ਰਭੂ ਨਾਲ ਸਾਂਝ ਪਾਈ ਹੈ ਜੋ ਗੁਰੂ ਦੀ ਸਰਨ ਪਿਆ ਹੈ।
43724	1023	ਸਾਚਾ ਰਵਿ ਰਹਿਆ ਮਨੁ ਰਾਤਾ॥		Saachaa Rav Rehiaa Man Raathaa ||	Their minds are imbued with the True, all-pervading Lord.	ਉਹ ਸਦਾ-ਥਿਰ ਪ੍ਰਭੂ ਸਭ ਥਾਂ ਮੌਜੂਦ ਹੈ। (ਗੁਰੂ ਦੀ ਰਾਹੀਂ ਜਿਸ ਦਾ) ਮਨ (ਉਸ ਪ੍ਰਭੂ ਦੇ ਪ੍ਰੇਮ-ਰੰਗ ਵਿਚ) ਰੰਗਿਆ ਗਿਆ ਹੈ।
43725	1023	ਤਿਸ ਕੀ ਓਟ ਗਹੀ ਸੁਖੁ ਪਾਇਆ ਮਨਿ ਤਨਿ ਮੈਲੁ ਨ ਕਾਈ ਹੇ॥੧੩॥		This Kee Outt Gehee Sukh Paaeiaa Man Than Mail N Kaaee Hae ||13||	Seeking His Shelter, they find peace, and their minds and bodies are not stained with filth. ||13||	ਜਿਸ ਨੇ ਉਸ ਸਦਾ-ਥਿਰ ਪ੍ਰਭੂ ਦਾ ਪੱਲਾ ਫੜਿਆ ਹੈ ਉਸ ਨੂੰ ਆਤਮਕ ਆਨੰਦ ਮਿਲ ਗਿਆ ਹੈ, ਉਸ ਦੇ ਮਨ ਵਿਚ ਉਸ ਦੇ ਤਨ ਵਿਚ (ਵਿਕਾਰਾਂ ਦੀ) ਕੋਈ ਮੈਲ ਨਹੀਂ ਰਹਿ ਜਾਂਦੀ ॥੧੩॥
43726	1023	ਜੀਭ ਰਸਾਇਣਿ ਸਾਚੈ ਰਾਤੀ॥		Jeebh Rasaaein Saachai Raathee ||	Their tongues are imbued with the True Lord, the source of nectar;	ਜਿਸ ਮਨੁੱਖ ਦੀ ਜੀਭ ਸਭ ਰਸਾਂ ਦੇ ਸੋਮੇ ਸਦਾ-ਥਿਰ ਪ੍ਰਭੂ ਦੇ ਨਾਮ-ਰੰਗ ਵਿਚ ਰੰਗੀ ਜਾਂਦੀ ਹੈ,

43727	1023	ਹਰਿ ਪ੍ਰਭੁ ਸੰਗੀ ਭਉ ਨ ਭਰਾਤੀ॥	(ਭਰਾਤੀ) ਭ੍ਰਮਣ	Har Prabh Sangee Bho N Bharaathee ||	Abiding with the Lord God, they have no fear or doubt.	ਹਰੀ ਪਰਮਾਤਮਾ ਉਸ ਦਾ (ਸਦਾ ਲਈ) ਸਾਥੀ ਬਣ ਜਾਂਦਾ ਹੈ, ਉਸ ਨੂੰ ਕੋਈ ਡਰ ਨਹੀਂ ਵਿਆਪਦਾ, ਉਸ ਨੂੰ ਕੋਈ ਭਟਕਣਾ ਨਹੀਂ ਰਹਿ ਜਾਂਦੀ।
43728	1023	ਸ੍ਰਵਣ ਸ੍ਰੋਤ ਰਜੇ ਗੁਰਬਾਣੀ ਜੋਤੀ ਜੋਤਿ ਮਿਲਾਈ ਹੇ॥੧੪॥	ਰੱਜੇ	Sravan Sroth Rajae Gurabaanee Jothee Joth Milaaee Hae ||14||	Hearing the Word of the Guru's Bani, their ears are satisfied, and their light merges into the Light. ||14||	ਸਤਿਗੁਰੂ ਦੀ ਬਾਣੀ ਸੁਣਨ ਵਿਚ ਉਸ ਦੇ ਕੰਨ ਸਦਾ ਮਸਤ ਰਹਿੰਦੇ ਹਨ, ਉਸ ਦੀ ਸੁਰਤ ਪ੍ਰਭੂ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ ॥੧੪॥
43729	1023	ਰਖਿ ਰਖਿ ਪੈਰ ਧਰੇ ਪਉ ਧਰਣਾ॥		Rakh Rakh Pair Dhharae Po Dhharanaa ||	Carefully, carefully, I place my feet upon the ground.	ਜਿਸ ਮਨੁੱਖ ਦੀ ਪ੍ਰੀਤ ਸਿਰਫ਼ ਤੇਰੇ ਨਾਲ ਹੀ ਨਿਭ ਰਹੀ ਹੈ (ਭਾਵ, ਜਿਸ ਨੇ ਹੋਰ ਆਸਰੇ ਛੱਡ ਕੇ ਇਕ ਤੇਰਾ ਆਸਰਾ ਫੜਿਆ ਹੈ) ਉਹ ਮਨੁੱਖ ਧਰਤੀ ਉਤੇ ਆਪਣਾ ਜੀਵਨ-ਪੰਧ ਮੁਕਾਂਦਿਆਂ ਬੜੇ ਗਹੁ ਨਾਲ ਪੈਰ ਰੱਖਦਾ ਹੈ (ਵਿਕਾਰਾਂ ਵਾਲੇ ਪਾਸੇ ਉੱਕਾ ਹੀ ਪੈਰ ਨਹੀਂ ਪਾਂਦਾ)।
43730	1023	ਜਤ ਕਤ ਦੇਖਉ ਤੇਰੀ ਸਰਣਾ॥		Jath Kath Dhaekho Thaeree Saranaa ||	Wherever I go, I behold Your Sanctuary.	ਹੇ ਪ੍ਰਭੂ! ਮੈਂ ਜਿਧਰ ਤੱਕਦਾ ਹਾਂ ਉਧਰ ਸਭ ਜੀਵ ਤੇਰੀ ਹੀ ਸਰਨ ਪੈਂਦੇ ਹਨ।

43731	1023	ਦੁਖੁ ਸੁਖੁ ਦੇਹਿ ਤੂਹੈ ਮਨਿ ਭਾਵਹਿ ਤੁਝ ਹੀ ਸਿਉ ਬਣਿ ਆਈ ਹੇ॥੧੫॥		Dhukh Sukh Dhaehi Thoohai Man Bhaavehi Thujh Hee Sio Ban Aaee Hae ||15||	Whether You grant me pain or pleasure, You are pleasing to my mind. I am in harmony with You. ||15||	ਤੂੰ ਹੀ ਉਸ ਦੇ ਮਨ ਵਿਚ ਪਿਆਰਾ ਲੱਗਦਾ ਹੈਂ, (ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਤੂੰ ਹੀ ਸੁਖ ਦੇਂਦਾ ਹੈਂ ਤੂੰ ਹੀ ਦੁੱਖ ਦੇਂਦਾ ਹੈਂ ॥੧੫॥
43732	1023	ਅੰਤ ਕਾਲਿ ਕੋ ਬੇਲੀ ਨਾਹੀ॥		Anth Kaal Ko Baelee Naahee ||	No one is anyone's companion or helper at the very last moment;	ਜਗਤ ਵਿਚ ਅਖ਼ੀਰਲੇ ਵੇਲੇ ਕੋਈ (ਸਾਕ ਅੰਗ) ਸਾਥੀ ਨਹੀਂ ਬਣ ਸਕਦਾ।
43733	1023	ਗੁਰਮੁਖਿ ਜਾਤਾ ਤੁਧੁ ਸਾਲਾਹੀ॥		Guramukh Jaathaa Thudhh Saalaahee ||	As Gurmukh, I realize You and praise You.	ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ ਉਹ (ਇਸ ਗੱਲ ਨੂੰ) ਸਮਝ ਕੇ ਤੇਰੀ ਹੀ ਸਿਫ਼ਤ-ਸਾਲਾਹ ਕਰਦੇ ਹਨ।
43734	1023	ਨਾਨਕ ਨਾਮਿ ਰਤੇ ਬੈਰਾਗੀ ਨਿਜ ਘਰਿ ਤਾੜੀ ਲਾਈ ਹੇ॥੧੬॥੩॥		Naanak Naam Rathae Bairaagee Nij Ghar Thaarree Laaee Hae ||16||3||	O Nanak, imbued with the Naam, I am detached; in the home of my own self deep within, I am absorbed in the primal void of deep meditation. ||16||3||	ਹੇ ਨਾਨਕ! ਉਹ ਮਨੁੱਖ ਪ੍ਰਭੂ ਦੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹ ਮਾਇਆ ਦੇ ਮੋਹ ਵਲੋਂ ਉਪਰਾਮ ਰਹਿੰਦੇ ਹਨ, ਉਹ ਸਦਾ ਆਪਣੇ ਹਿਰਦੇ-ਘਰ ਵਿਚ ਟਿਕ ਕੇ ਪ੍ਰਭੂ-ਚਰਨਾਂ ਵਿਚ ਜੁੜੇ ਰਹਿੰਦੇ ਹਨ ॥੧੬॥੩॥
43735	1023	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	

43736	1023	ਆਦਿ ਜੁਗਾਦੀ ਅਪਰ ਅਪਾਰੇ॥		Aadh Jugaadhee Apar Apaarae ||	From the very beginning of time, and throughout the ages, You are infinite and incomparable.	ਹੇ ਜੁਗਾਂ ਦੇ ਸ਼ੁਰੂ ਤੋਂ ਮੌਜੂਦ ਪ੍ਰਭੂ! ਹੇ ਅਪਰ ਤੇ ਅਪਾਰ ਹਰੀ!
43737	1023	ਆਦਿ ਨਿਰੰਜਨ ਖਸਮ ਹਮਾਰੇ॥		Aadh Niranjan Khasam Hamaarae ||	You are my primal, immaculate Lord and Master.	ਹੇ ਸਾਰੀ ਰਚਨਾ ਦੇ ਮੂਲ! ਹੇ ਨਿਰੰਜਨ! ਹੇ ਸਾਡੇ ਖਸਮ!
43738	1023	ਸਾਚੇ ਜੋਗ ਜੁਗਤਿ ਵੀਚਾਰੀ ਸਾਚੇ ਤਾੜੀ ਲਾਈ ਹੇ॥੧॥		Saachae Jog Jugath Veechaaree Saachae Thaarree Laaee Hae ||1||	I contemplate the Way of Yoga, the Way of Union with the True Lord. I am truly absorbed in the primal void of deep meditation. ||1||	ਹੇ ਸਦਾ-ਥਿਰ ਪ੍ਰਭੂ! ਹੇ ਮਿਲਾਪ ਦੀ ਜੁਗਤਿ ਨੂੰ ਵਿਚਾਰਨ ਵਾਲੇ! (ਜਦੋਂ ਤੂੰ ਸੰਸਾਰ ਦੀ ਰਚਨਾ ਨਹੀਂ ਕੀਤੀ ਸੀ) ਤੂੰ ਆਪਣੇ ਆਪ ਵਿਚ ਸਮਾਧੀ ਲਾਈ ਹੋਈ ਸੀ ॥੧॥
43739	1023	ਕੇਤੜਿਆ ਜੁਗ ਧੁੰਧੂਕਾਰੈ॥		Kaetharriaa Jug Dhhundhhookaarai ||	For so many ages, there was only pitch darkness;	(ਜਗਤ-ਰਚਨਾ ਤੋਂ ਪਹਿਲਾਂ) ਧੁੰਧੂਕਾਰ ਵਿਚ, ਇਕ-ਰਸ ਘੁੱਪ ਹਨੇਰੇ ਵਿਚ ਕਿਤਨੇ ਹੀ ਜੁਗ-
43740	1023	ਤਾੜੀ ਲਾਈ ਸਿਰਜਣਹਾਰੈ॥		Thaarree Laaee Sirajanehaarai ||	The Creator Lord was absorbed in the primal void.	ਉਸ ਸਿਰਜਣਹਾਰ ਨੇ ਸਮਾਧੀ ਲਾ ਰੱਖੀ ਸੀ।

43741	1023	ਸਚੁ ਨਾਮੁ ਸਚੀ ਵਡਿਆਈ ਸਾਚੈ ਤਖਤਿ ਵਡਾਈ ਹੇ॥੨॥		Sach Naam Sachee Vaddiaaee Saachai Thakhath Vaddaaee Hae ||2||	There was the True Name, the glorious greatness of the Truth, and the glory of His true throne. ||2||	ਉਸ ਸਿਰਜਣਹਾਰ ਦਾ ਨਾਮ ਸਦਾ-ਥਿਰ ਰਹਿਣ ਵਾਲਾ ਹੈ, ਉਸ ਦੀ ਵਡਿਆਈ ਸਦਾ ਕਾਇਮ ਰਹਿਣ ਵਾਲੀ ਹੈ, ਉਹ ਵਡਿਆਈ ਦਾ ਮਾਲਕ ਪ੍ਰਭੂ ਸਦਾ ਟਿਕੇ ਰਹਿਣ ਵਾਲੇ ਤਖ਼ਤ ਉਤੇ ਸਦਾ ਬੈਠਾ ਹੋਇਆ ਹੈ ॥੨॥
43742	1023	ਸਤਜੁਗਿ ਸਤੁ ਸੰਤੋਖੁ ਸਰੀਰਾ॥		Sathajug Sath Santhokh Sareeraa ||	In the Golden Age of Truth, Truth and contentment filled the bodies.	ਜਿਨ੍ਹਾਂ ਪ੍ਰਾਣੀਆਂ ਦੇ ਅੰਦਰ (ਉਸ ਸਿਰਜਣਹਾਰ ਦੀ ਮੇਹਰ ਦਾ ਸਦਕਾ) ਸਤ ਅਤੇ ਸੰਤੋਖ (ਵਾਲਾ ਜੀਵਨ ਉੱਘੜਦਾ) ਹੈ ਉਹ, ਮਾਨੋ, ਸਤਜੁਗ ਵਿਚ (ਵੱਸ ਰਹੇ ਹਨ)।
43743	1023	ਸਤਿ ਸਤਿ ਵਰਤੈ ਗਹਿਰ ਗੰਭੀਰਾ॥		Sath Sath Varathai Gehir Ganbheeraa ||	Truth was pervasive, Truth, deep, profound and unfathomable.	(ਜਗਤ-ਰਚਨਾ ਕਰ ਕੇ) ਉਹ ਸਦਾ-ਥਿਰ ਰਹਿਣ ਵਾਲਾ, ਡੂੰਘਾ ਤੇ ਵੱਡੇ ਜਿਗਰੇ ਵਾਲਾ ਪ੍ਰਭੂ (ਹਰ ਥਾਂ) ਵਿਆਪਕ ਹੋ ਰਿਹਾ ਹੈ।
43744	1023	ਸਚਾ ਸਾਹਿਬੁ ਸਚੁ ਪਰਖੈ ਸਾਚੈ ਹੁਕਮਿ ਚਲਾਈ ਹੇ ॥੩॥		Sachaa Saahib Sach Parakhai Saachai Hukam Chalaaee Hae ||3||	The True Lord appraises the mortals on the Touchstone of Truth, and issues His True Command. ||3||	ਸਦਾ-ਥਿਰ ਰਹਿਣ ਵਾਲਾ ਮਾਲਕ (ਸਭ ਜੀਵਾਂ ਦੀ) ਸਹੀ ਪਰਖ ਕਰਦਾ ਹੈ, ਉਹ ਸ੍ਰਿਸ਼ਟੀ ਦੀ ਕਾਰ ਨੂੰ ਆਪਣੇ ਅਟੱਲ ਹੁਕਮ ਵਿਚ ਚਲਾ ਰਿਹਾ ਹੈ ॥੩॥
43745	1023	ਸਤ ਸੰਤੋਖੀ ਸਤਿਗੁਰੁ ਪੂਰਾ॥		Sath Santhokhee Sathigur Pooraa ||	The Perfect True Guru is true and contented.	ਪੂਰਾ ਗੁਰੂ (ਭੀ) ਸਤ ਤੇ ਸੰਤੋਖ ਦਾ ਮਾਲਕ ਹੈ।

43746	1023	ਗੁਰ ਕਾ ਸਬਦੁ ਮਨੇ ਸੋ ਸੂਰਾ॥	ਮੰਨੇ	Gur Kaa Sabadh Manae So Sooraa ||	He alone is a spiritual hero, who believes in the Word of the Guru's Shabad.	ਜੇਹੜਾ ਮਨੁੱਖ ਗੁਰੂ ਦਾ ਸ਼ਬਦ ਮੰਨਦਾ ਹੈ (ਆਪਣੇ ਹਿਰਦੇ ਵਿਚ ਟਿਕਾਂਦਾ ਹੈ) ਉਹ ਸੂਰਮਾ (ਬਣ ਜਾਂਦਾ) ਹੈ (ਵਿਕਾਰ ਉਸ ਨੂੰ ਜਿੱਤ ਨਹੀਂ ਸਕਦੇ)।
43747	1023	ਸਾਚੀ ਦਰਗਹ ਸਾਚੁ ਨਿਵਾਸਾ ਮਾਨੈ ਹੁਕਮੁ ਰਜਾਈ ਹੇ॥੪॥		Saachee Dharageh Saach Nivaasaa Maanai Hukam Rajaaee Hae ||4||	He alone obtains a true seat in the True Court of the Lord, who surrenders to the Command of the Commander. ||4||	ਉਹ ਮਨੁੱਖ ਸਦਾ-ਥਿਰ ਪ੍ਰਭੂ ਦੀ ਹਜ਼ੂਰੀ ਵਿਚ ਸਦਾ ਦਾ ਨਿਵਾਸ ਪ੍ਰਾਪਤ ਕਰ ਲੈਂਦਾ ਹੈ, ਉਹ ਉਸ ਰਜ਼ਾ ਦੇ ਮਾਲਕ ਪ੍ਰਭੂ ਦਾ ਹੁਕਮ ਮੰਨਦਾ ਹੈ ॥੪॥
43748	1023	ਸਤਜੁਗਿ ਸਾਚੁ ਕਹੈ ਸਭੁ ਕੋਈ॥		Sathajug Saach Kehai Sabh Koee ||	In the Golden Age of Truth, everyone spoke the Truth.	ਜੇਹੜਾ ਜੇਹੜਾ ਬੰਦਾ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰਦਾ ਹੈ ਉਹ, ਮਾਨੇ, ਸਤਜੁਗ ਵਿਚ ਹੈ।
43749	1023	ਸਚਿ ਵਰਤੈ ਸਾਚਾ ਸੋਈ॥		Sach Varathai Saachaa Soee ||	Truth was pervasive - the Lord was Truth.	ਉਹ ਸਦਾ-ਥਿਰ ਪ੍ਰਭੂ ਦੀ ਯਾਦ ਵਿਚ ਟਿਕਿਆ ਹੋਇਆ ਹੀ ਜਗਤ ਦੀ ਕਾਰ ਕਰਦਾ ਹੈ, ਉਸ ਨੂੰ ਹਰ ਥਾਂ ਸਦਾ-ਥਿਰ ਪ੍ਰਭੂ ਹੀ ਦਿੱਸਦਾ ਹੈ।
43750	1023	ਮਨਿ ਮੁਖਿ ਸਾਚੁ ਭਰਮ ਭਉ ਭੰਜਨੁ ਗੁਰਮੁਖਿ ਸਾਚੁ ਸਖਾਈ ਹੇ॥੫॥		Man Mukh Saach Bharam Bho Bhanjan Guramukh Saach Sakhaaee Hae ||5||	With Truth in their minds and mouths, mortals were rid of doubt and fear. Truth was the friend of the Gurmukhs. ||5||	ਉਸ ਦੇ ਮਨ ਵਿਚ ਉਸ ਦੇ ਮੂੰਹ ਵਿਚ ਸਦਾ-ਥਿਰ ਪ੍ਰਭੂ (ਦੀ ਯਾਦ) ਹੈ। ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਭਟਕਣਾ ਤੇ ਸਹਮ ਦੂਰ ਕਰਨ ਵਾਲਾ ਸਦਾ-ਥਿਰ ਪ੍ਰਭੂ ਉਸ ਦਾ ਸਦਾ ਦਾ ਸਾਥੀ ਬਣ ਜਾਂਦਾ ਹੈ ॥੫॥

43751	1023	ਤ੍ਰੈਤੈ ਧਰਮ ਕਲਾ ਇਕ ਚੂਕੀ॥		Thraethai Dhharam Kalaa Eik Chookee ||	In the Silver Age of Traytaa Yoga, one power of Dharma was lost.	ਜਿਸ ਮਨੁੱਖ ਦੇ ਅੰਦਰੋਂ ਧਰਮ ਦੀ ਇਕ ਤਾਕਤ ਮੁੱਕ ਜਾਂਦੀ ਹੈ,
43752	1023	ਤੀਨਿ ਚਰਣ ਇਕ ਦੁਬਿਧਾ ਸੂਕੀ॥		Theen Charan Eik Dhubidhhaa Sookee ||	Three feet remained; through duality, one was cut off.	ਜਿਸ ਦੇ ਅੰਦਰ ਧਰਮ ਦੇ ਤਿੰਨ ਪੈਰ ਰਹਿ ਜਾਂਦੇ ਹਨ ਤੇ ਮੇਰ-ਤੇਰ ਜ਼ੋਰ ਪਾ ਲੈਂਦੀ ਹੈ ਉਹ, ਮਾਨੋ, ਤ੍ਰੇਤੇ ਜੁਗ ਵਿਚ ਵੱਸ ਰਿਹਾ ਹੈ।
43753	1023	ਗੁਰਮੁਖਿ ਹੋਵੈ ਸੁ ਸਾਚੁ ਵਖਾਣੈ ਮਨਮੁਖਿ ਪਚੈ ਅਵਾਈ ਹੇ॥੬॥		Guramukh Hovai S Saach Vakhaanai Manamukh Pachai Avaaee Hae ||6||	Those who were Gurmukh spoke the Truth, while the self-willed manmukhs wasted away in vain. ||6||	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੰਦਾ (ਮੇਰ-ਤੇਰ ਦੇ) ਅਵੈੜਾ-ਪਨ ਵਿਚ ਖ਼ੁਆਰ ਹੁੰਦਾ ਹੈ, ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰਦਾ ਹੈ (ਤੇ, ਉਹ, ਮਾਨੋ, ਸਤਜੁਗ ਵਿਚ ਹੈ) ॥੬॥
43754	1023	ਮਨਮੁਖਿ ਕਦੇ ਨ ਦਰਗਹ ਸੀਝੈ॥		Manamukh Kadhae N Dharageh Seejhai ||	The manmukh never succeeds in the Court of the Lord.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੰਦਾ ਕਦੇ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਨਹੀਂ ਪਾਂਦਾ,
43755	1023	ਬਿਨੁ ਸਬਦੈ ਕਿਉ ਅੰਤਰੁ ਰੀਝੈ॥		Bin Sabadhai Kio Anthar Reejhai ||	Without the Word of the Shabad, how can one be pleased within?	ਉਸ ਦਾ ਅੰਤਰ ਆਤਮਾ ਕਦੇ ਭੀ (ਸਿਮਰਨ ਦੇ) ਉਤਸ਼ਾਹ ਵਿਚ ਨਹੀਂ ਆਉਂਦਾ।

43756	1023	ਬਾਧੇ ਆਵਹਿ ਬਾਧੇ ਜਾਵਹਿ ਸੋਝੀ ਬੂਝ ਨ ਕਾਈ ਹੇ॥੭॥	ਬੱਧੇ, ਸੋੱਝੀ ਬੂੱਝ	Baadhhae Aavehi Baadhhae Jaavehi Sojhee Boojh N Kaaee Hae ||7||	In bondage they come, and in bondage they go; they understand and comprehend nothing. ||7||	ਅਜੇਹੇ ਬੰਦੇ ਆਪਣੇ ਮਨ ਦੀਆਂ ਵਾਸਨਾ ਵਿਚ ਬੱਝੇ ਹੋਏ ਜਗਤ ਵਿਚ ਆਉਂਦੇ ਹਨ ਤੇ ਬੱਝੇ ਹੋਏ ਹੀ ਇਥੋਂ ਚਲੇ ਜਾਂਦੇ ਹਨ, ਉਹਨਾਂ ਨੂੰ (ਸਹੀ ਜੀਵਨ-ਮਾਰਗ ਦੀ) ਕੋਈ ਸੂਝ ਨਹੀਂ ਹੁੰਦੀ ॥੭॥
43757	1023	ਦਇਆ ਦੁਆਪੁਰਿ ਅਧੀ ਹੋਈ॥	ਅੱਧੀ	Dhaeiaa Dhuaapur Adhhee Hoee ||	In the Brass Age of Dwaapur Yuga, compassion was cut in half.	ਜਿਨ੍ਹਾਂ ਬੰਦਿਆਂ ਦੇ ਅੰਦਰ ਦਇਆ ਅੱਧੀ ਰਹਿ ਗਈ (ਦਇਆ ਦਾ ਪ੍ਰਭਾਵ ਕਮਜ਼ੋਰ ਹੋ ਗਿਆ) ਉਹ, ਮਾਨੋ, ਦੁਆਪੁਰ ਵਿਚ ਵੱਸਦੇ ਹਨ।
43758	1024	ਗੁਰਮੁਖਿ ਵਿਰਲਾ ਚੀਨੈ ਕੋਈ॥		Guramukh Viralaa Cheenai Koee ||	Only a few, as Gurmukh, remembered the Lord.	ਪਰ ਜੇਹੜਾ ਕੋਈ ਵਿਰਲਾ ਬੰਦਾ ਗੁਰੂ ਦੀ ਸਰਨ ਪੈਂਦਾ ਹੈ ਉਹ (ਜੀਵਨ ਦੇ ਸਹੀ ਰਾਹ ਨੂੰ) ਪਛਾਣਦਾ ਹੈ।
43759	1024	ਦੁਇ ਪਗ ਧਰਮੁ ਧਰੇ ਧਰਣੀਧਰ ਗੁਰਮੁਖਿ ਸਾਚੁ ਤਿਥਾਈ ਹੇ॥੮॥		Dhue Pag Dhharam Dhharae Dhharaneedhhar Guramukh Saach Thithhaaee Hae ||8||	Dharmic faith, which upholds and supports the earth, had only two feet; Truth was revealed to the Gurmukhs. ||8||	ਉਹ ਉਸੇ ਆਤਮਕ ਅਵਸਥਾ ਵਿਚ ਟਿਕਿਆ ਰਹਿੰਦਾ ਹੈ ਜਿਥੇ ਸਦਾ-ਥਿਰ ਪ੍ਰਭੂ ਉਸ ਦੇ ਅੰਦਰ ਪ੍ਰਤੱਖ ਵੱਸਦਾ ਹੈ। (ਨਹੀਂ ਤਾਂ ਦੁਆਪੁਰ ਵਾਲੇ) ਮਨੁੱਖ ਦੇ ਹਿਰਦੇ ਵਿਚ ਧਰਤੀ ਦਾ ਆਸਰਾ ਧਰਮ ਸਿਰਫ਼ ਦੋ ਪੈਰ ਟਿਕਾਂਦਾ ਹੈ (ਭਾਵ, ਉਨ੍ਹਾਂ ਦੇ ਅੰਦਰ ਦੈਵੀ ਸੰਪਤਾ ਤੇ ਆਸੁਰੀ ਸੰਪਤਾ ਇਕੋ ਜਿਹੀ ਹੋ ਗਈ) ॥੮॥

43760	1024	ਰਾਜੇ ਧਰਮੁ ਕਰਹਿ ਪਰਥਾਏ॥	(ਪਰਥਾਏ) ਕਾਰਣ	Raajae Dhharam Karehi Parathhaaeae ||	The kings acted righteously only out of self-interest.	ਰਾਜੇ ਲੋਕ ਕਿਸੇ ਗ਼ਰਜ਼ ਦੀ ਖ਼ਾਤਰ ਧਰਮ ਕਮਾਂਦੇ ਹਨ,
43761	1024	ਆਸਾ ਬੰਧੇ ਦਾਨੁ ਕਰਾਏ॥		Aasaa Bandhhae Dhaan Karaaeae ||	Tied to hopes of reward, they gave to charities.	ਦੁਨੀਆਵੀ ਆਸਾਂ ਦੇ ਬੱਝੇ ਹੋਏ ਦਾਨ-ਪੁੰਨ ਕਰਦੇ ਹਨ (ਇਹ ਸਭ ਕੁਝ ਉਸ ਲਕ-ਟੁੱਟੀ ਦਇਆ ਦੇ ਕਾਰਨ ਹੀ ਕਰਦੇ ਹਨ, ਇਹ ਲੋਕ ਤੇ ਪਰਲੋਕ ਦੋਹਾਂ ਦੇ ਸੁਖ ਹੀ ਭਾਲਦੇ ਹਨ)।
43762	1024	ਰਾਮ ਨਾਮ ਬਿਨੁ ਮੁਕਤਿ ਨ ਹੋਈ ਥਾਕੇ ਕਰਮ ਕਮਾਈ ਹੇ॥੯॥		Raam Naam Bin Mukath N Hoee Thhaakae Karam Kamaaee Hae ||9||	Without the Lord's Name, liberation did not come, although they grew weary of performing rituals. ||9||	(ਦਾਨ-ਪੁੰਨ ਆਦਿਕ ਦੇ) ਕਰਮ ਕਰ ਕੇ ਥੱਕ ਜਾਂਦੇ ਹਨ, ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ (ਦੁਨੀਆ ਦੇ ਸੁਖਾਂ ਦੀਆਂ ਆਸਾਂ ਤੋਂ) ਉਹਨਾਂ ਨੂੰ ਖ਼ਲਾਸੀ ਨਹੀਂ ਮਿਲਦੀ (ਇਸ ਵਾਸਤੇ ਆਤਮਕ ਆਨੰਦ ਨਹੀਂ ਮਿਲਦਾ) ॥੯॥
43763	1024	ਕਰਮ ਧਰਮ ਕਰਿ ਮੁਕਤਿ ਮੰਗਾਹੀ॥		Karam Dhharam Kar Mukath Mangaahee ||	Practicing religious rituals, they sought liberation,	(ਦੁਆਪੁਰ ਵਾਲੇ ਮਨੁੱਖ ਦਾਨ-ਪੁੰਨ ਤੀਰਥ ਆਦਿਕ) ਕਰਮ ਕਰ ਕੇ ਮੁਕਤੀ ਮੰਗਦੇ ਹਨ।
43764	1024	ਮੁਕਤਿ ਪਦਾਰਥੁ ਸਬਦਿ ਸਲਾਹੀ॥		Mukath Padhaarathh Sabadh Salaahee ||	But the treasure of liberation comes only by praising the Shabad.	ਪਰ ਮੁਕਤੀ ਦੇਣ ਵਾਲਾ ਨਾਮ-ਪਦਾਰਥ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੀ ਸਿਫ਼ਤ-ਸਾਲਾਹ ਕੀਤਿਆਂ ਹੀ ਮਿਲਦਾ ਹੈ।

43765	1024	ਬਿਨੁ ਗੁਰ ਸਬਦੈ ਮੁਕਤਿ ਨ ਹੋਈ ਪਰਪੰਚੁ ਕਰਿ ਭਰਮਾਈ ਹੇ॥੧੦॥		Bin Gur Sabadhai Mukath N Hoee Parapanch Kar Bharamaaee Hae ||10||	Without the Word of the Guru's Shabad, liberation is not obtained; practicing hypocrisy, they wander around confused. ||10||	(ਇਹ ਪੱਕੀ ਗੱਲ ਹੈ ਕਿ ਸਮੇ ਦਾ ਨਾਮ ਚਾਹੇ ਸਤਜੁਗ ਰੱਖ ਲਵੋ ਚਾਹੇ ਤ੍ਰੇਤਾ ਤੇ ਚਾਹੇ ਦੁਆਪੁਰ) ਗੁਰੂ ਦੇ ਸ਼ਬਦ ਤੋਂ ਬਿਨਾ ਮੁਕਤੀ ਨਹੀਂ ਮਿਲ ਸਕਦੀ। ਪਰ ਸਿਰਜਣਹਾਰ ਨੇ ਇਹ ਜਗਤ-ਰਚਨਾ ਕਰ ਕੇ (ਦੁਆਪੁਰ ਵਾਲੇ) ਜੀਵਾਂ ਨੂੰ ਅਜਬ ਭੁਲੇਖੇ ਵਿਚ ਪਾਇਆ ਹੋਇਆ ਹੈ ॥੧੦॥
43766	1024	ਮਾਇਆ ਮਮਤਾ ਛੋਡੀ ਨ ਜਾਈ॥		Maaeiaa Mamathaa Shhoddee N Jaaee ||	Love and attachment to Maya cannot be abandoned.	(ਸਮਾ ਕੋਈ ਭੀ ਹੋਵੇ) ਮਾਇਆ ਦੀ ਅਪਣੱਤ ਛੱਡੀ ਨਹੀਂ ਜਾ ਸਕਦੀ।
43767	1024	ਸੇ ਛੂਟੇ ਸਚੁ ਕਾਰ ਕਮਾਈ॥		Sae Shhoottae Sach Kaar Kamaaee ||	They alone find release, who practice deeds of Truth.	ਸਿਰਫ਼ ਉਹੀ ਬੰਦੇ (ਇਸ ਮਮਤਾ ਦੇ ਪੰਜੇ ਵਿਚੋਂ) ਖ਼ਲਾਸੀ ਪਾਂਦੇ ਹਨ ਜੇਹੜੇ ਸਦਾ-ਥਿਰ ਪ੍ਰਭੂ ਦੇ ਸਿਮਰਨ ਦੀ ਕਾਰ ਕਰਦੇ ਹਨ,
43768	1024	ਅਹਿ ਨਿਸਿ ਭਗਤਿ ਰਤੇ ਵੀਚਾਰੀ ਠਾਕੁਰ ਸਿਉ ਬਣਿ ਆਈ ਹੇ॥੧੧॥		Ahinis Bhagath Rathae Veechaaree Thaakur Sio Ban Aaee Hae ||11||	Day and night, the devotees remain imbued with contemplative meditation; they become just like their Lord and Master. ||11||	ਜੇਹੜੇ ਦਿਨ ਰਾਤ ਪਰਮਾਤਮਾ ਦੀ ਭਗਤੀ (ਦੇ ਰੰਗ) ਵਿਚ ਰੰਗੇ ਰਹਿੰਦੇ ਹਨ, ਜੇਹੜੇ ਉਸ ਦੇ ਗੁਣਾਂ ਦੀ ਵਿਚਾਰ ਕਰਦੇ ਹਨ ਤੇ (ਇਸ ਤਰ੍ਹਾਂ) ਜਿਨ੍ਹਾਂ ਦੀ ਪ੍ਰੀਤ ਮਾਲਕ-ਪ੍ਰਭੂ ਨਾਲ ਬਣੀ ਰਹਿੰਦੀ ਹੈ ॥੧੧॥

43769	1024	ਇਕਿ ਜਪ ਤਪ ਕਰਿ ਕਰਿ ਤੀਰਥ ਨਾਵਹਿ॥	ਨ੍ਾਵਹਿ	Eik Jap Thap Kar Kar Theerathh Naavehi ||	Some chant and practice intensive meditation, and take cleansing baths at sacred shrines of pilgrimage.	ਹੇ ਪ੍ਰਭੂ! ਅਨੇਕਾਂ ਬੰਦੇ ਐਸੇ ਹਨ ਜੋ ਜਪ ਕਰਦੇ ਹਨ ਤਪ ਤਾਪਦੇ ਹਨ ਤੀਰਥਾਂ ਤੇ ਜਾਂਦੇ ਹਨ (ਤੇ ਇਸ ਤਰ੍ਹਾਂ ਇਸ ਲੋਕ ਵਿਚ ਤੇ ਪਰਲੋਕ ਵਿਚ ਇੱਜ਼ਤ ਹਾਸਲ ਕਰਨੀ ਚਾਹੁੰਦੇ ਹਨ)।
43770	1024	ਜਿਉ ਤੁਧੁ ਭਾਵੈ ਤਿਵੈ ਚਲਾਵਹਿ॥		Jio Thudhh Bhaavai Thivai Chalaavehi ||	They walk as You will them to walk.	(ਪਰ ਹੇ ਪ੍ਰਭੂ! ਉਹਨਾਂ ਦੇ ਭੀ ਕੀਹ ਵੱਸ?) ਜਿਵੇਂ ਤੇਰੀ ਰਜ਼ਾ ਹੈ ਤੂੰ ਉਹਨਾਂ ਨੂੰ ਇਸ ਰਾਹੇ ਤੋਰ ਰਿਹਾ ਹੈਂ।
43771	1024	ਹਠਿ ਨਿਗ੍ਰਹਿ ਅਪਤੀਜੁ ਨ ਭੀਜੈ ਬਿਨੁ ਹਰਿ ਗੁਰ ਕਿਨਿ ਪਤਿ ਪਾਈ ਹੇ॥੧੨॥	ਹਠਿ: ਪੋਲਾ ਬੋਲੋ। ਨਿ-ਗ੍ਰਹਿ, ਅ-ਪਤੀਜੁ	Hath Nigrehi Apatheej N Bheejai Bin Har Gur Kin Path Paaee Hae ||12||	By stubborn rituals of self-suppression, the Lord is not pleased. No one has ever obtained honor, without the Lord, without the Guru. ||12||	(ਉਹ ਵਿਚਾਰੇ ਨਹੀਂ ਸਮਝਦੇ ਕਿ) ਧੱਕੇ ਨਾਲ ਇੰਦ੍ਰਿਆਂ ਨੂੰ ਵੱਸ ਕਰਨ ਦਾ ਜਤਨ ਕੀਤਿਆਂ ਇਹ ਕਦੇ ਨ ਪਤੀਜਣ ਵਾਲਾ ਮਨ ਤੇਰੇ ਨਾਮ-ਰਸ ਵਿਚ ਗਿੱਝ ਨਹੀਂ ਸਕਦਾ। ਗੁਰੂ ਦੀ ਸਰਨ ਤੋਂ ਬਿਨਾ ਕਿਸੇ ਨੇ ਕਦੇ ਪ੍ਰਭੂ ਦੀ ਹਜ਼ੂਰੀ ਵਿਚ ਇੱਜ਼ਤ ਨਹੀਂ ਪ੍ਰਾਪਤ ਕੀਤੀ (ਸਮੇ ਤੇ ਜੁਗ ਦਾ ਨਾਮ ਚਾਹੇ ਕੁਝ ਪਿਆ ਹੋਵੇ) ॥੧੨॥
43772	1024	ਕਲੀ ਕਾਲ ਮਹਿ ਇਕ ਕਲ ਰਾਖੀ॥	ਕਲ: ਪੋਲਾ ਬੋਲੋ	Kalee Kaal Mehi Eik Kal Raakhee ||	In the Iron Age, the Dark Age of Kali Yuga, only one power remains.	(ਜੇ ਧਰਮ-ਸੱਤਿਆ ਦੇ ਚਾਰ ਹਿੱਸੇ ਕਰ ਦਿੱਤੇ ਜਾਣ ਤੇ ਜੇ ਕਿਸੇ ਮਨੁੱਖ ਦੇ ਅੰਦਰ) ਧਰਮ ਦੀ ਇਕੋ ਸਤਿਆ ਰਹਿ ਜਾਏ ਤਾਂ ਉਹ ਮਨੁੱਖ, ਮਾਨੋ, ਕਲਿਜੁਗ ਵਿਚ ਵੱਸਦਾ ਹੈ,

43773	1024	ਬਿਨੁ ਗੁਰ ਪੂਰੇ ਕਿਨੈ ਨ ਭਾਖੀ॥		Bin Gur Poorae Kinai N Bhaakhee ||	Without the Perfect Guru, no one has even described it.	ਪਰ ਪੂਰੇ ਗੁਰੂ ਤੋਂ ਬਿਨਾ ਕਦੇ ਕਿਸੇ ਨੇ ਇਹ ਗੱਲ ਨਹੀਂ ਸਮਝਾਈ।
43774	1024	ਮਨਮੁਖਿ ਕੂੜੁ ਵਰਤੈ ਵਰਤਾਰਾ ਬਿਨੁ ਸਤਿਗੁਰ ਭਰਮੁ ਨ ਜਾਈ ਹੇ॥੧੩॥		Manamukh Koorr Varathai Varathaaraa Bin Sathigur Bharam N Jaaee Hae ||13||	The self-willed manmukhs have staged the show of falsehood. Without the True Guru, doubt does not depart. ||13||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਉਸ ਮਨੁੱਖ ਦੇ ਅੰਦਰ ਮਾਇਆ ਦਾ ਮੋਹ ਹੀ ਆਪਣਾ ਜ਼ੋਰ ਪਾਈ ਰੱਖਦਾ ਹੈ (ਉਸ ਦੇ ਅੰਦਰ ਸਦਾ ਮਾਇਆ ਦੀ ਭਟਕਣਾ ਬਣੀ ਰਹਿੰਦੀ ਹੈ) ਸਤਿਗੁਰੂ ਦੀ ਸਰਨ ਪੈਣ ਤੋਂ ਬਿਨਾ ਉਸ ਦੀ ਇਹ ਭਟਕਣਾ ਦੂਰ ਨਹੀਂ ਹੁੰਦੀ ॥੧੩॥
43775	1024	ਸਤਿਗੁਰੁ ਵੇਪਰਵਾਹੁ ਸਿਰੰਦਾ॥		Sathigur Vaeparavaahu Sirandhaa ||	The True Guru is the Creator Lord, independent and carefree.	ਸਤਿਗੁਰੂ ਸਿਰਜਣਹਾਰ ਦਾ ਰੂਪ ਹੈ, ਗੁਰੂ ਦੁਨੀਆ ਦੀਆਂ ਗ਼ਰਜ਼ਾਂ ਤੋਂ ਬਹੁਤ ਉੱਚਾ ਹੈ,
43776	1024	ਨਾ ਜਮ ਕਾਣਿ ਨ ਛੰਦਾ ਬੰਦਾ॥		Naa Jam Kaan N Shhandhaa Bandhaa ||	He does not fear death, and He is not dependent on mortal men.	ਗੁਰੂ ਨੂੰ ਜਮ ਦਾ ਡਰ ਨਹੀਂ, ਗੁਰੂ ਨੂੰ ਦੁਨੀਆ ਦੇ ਬੰਦਿਆਂ ਦੀ ਮੁਥਾਜੀ ਨਹੀਂ।
43777	1024	ਜੋ ਤਿਸੁ ਸੇਵੇ ਸੋ ਅਬਿਨਾਸੀ ਨਾ ਤਿਸੁ ਕਾਲੁ ਸੰਤਾਈ ਹੇ॥੧੪॥		Jo This Saevae So Abinaasee Naa This Kaal Santhaaee Hae ||14||	Whoever serves Him becomes immortal and imperishable, and will not be tortured by death. ||14||	ਜੇਹੜਾ ਮਨੁੱਖ ਗੁਰੂ ਦੀ ਦੱਸੀ ਸੇਵਾ ਕਰਦਾ ਹੈ ਉਹ ਨਾਸ-ਰਹਿਤ ਹੋ ਜਾਂਦਾ ਹੈ (ਉਸ ਨੂੰ ਕਦੇ ਆਤਮਕ ਮੌਤ ਨਹੀਂ ਆਉਂਦੀ) ਮੌਤ ਦਾ ਡਰ ਉਸ ਨੂੰ ਕਦੇ ਨਹੀਂ ਸਤਾਂਦਾ ॥੧੪॥
43778	1024	ਗੁਰ ਮਹਿ ਆਪੁ ਰਖਿਆ ਕਰਤਾਰੇ॥		Gur Mehi Aap Rakhiaa Karathaarae ||	The Creator Lord has enshrined Himself within the Guru.	ਕਰਤਾਰ ਨੇ ਆਪਣਾ ਆਪ ਗੁਰੂ ਵਿਚ ਲੁਕਾ ਰੱਖਿਆ ਹੈ,

43779	1024	ਗੁਰਮੁਖਿ ਕੋਟਿ ਅਸੰਖ ਉਧਾਰੇ॥		Guramukh Kott Asankh Oudhhaarae ||	The Gurmukh saves countless millions.	ਉਹ ਕਰਤਾਰ ਗੁਰੂ ਦੀ ਰਾਹੀਂ ਕ੍ਰੋੜਾਂ ਤੇ ਅਸੰਖਾਂ ਜੀਵਾਂ ਨੂੰ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚਾ ਲੈਂਦਾ ਹੈ।
43780	1024	ਸਰਬ ਜੀਆ ਜਗਜੀਵਨੁ ਦਾਤਾ ਨਿਰਭਉ ਮੈਲੁ ਨ ਕਾਈ ਹੇ॥੧੫॥	ਜੱਗਜੀਵਨੁ	Sarab Jeeaa Jagajeevan Dhaathaa Nirabho Mail N Kaaee Hae ||15||	The Life of the World is the Great Giver of all beings. The Fearless Lord has no filth at all. ||15||	ਉਹ ਜਗਤ ਦੀ ਜ਼ਿੰਦਗੀ ਦਾ ਆਸਰਾ ਹੈ ਉਹ ਸਭ ਜੀਵਾਂ ਨੂੰ ਦਾਤਾਂ ਦੇਂਦਾ ਹੈ, ਉਸ ਨੂੰ ਕਿਸੇ ਦਾ ਡਰ ਨਹੀਂ, ਉਸ ਨੂੰ (ਮਾਇਆ-ਮੋਹ ਆਦਿਕ ਦੀ) ਕੋਈ ਮੈਲ ਨਹੀਂ ਲੱਗ ਸਕਦੀ ॥੧੫॥
43781	1024	ਸਗਲੇ ਜਾਚਹਿ ਗੁਰ ਭੰਡਾਰੀ॥		Sagalae Jaachehi Gur Bhanddaaree ||	Everyone begs from the Guru, God's Treasurer.	ਸਾਰੇ ਜੀਵ ਗੁਰੂ ਦੇ ਖ਼ਜ਼ਾਨੇ ਵਿਚੋਂ (ਉਸ ਪ੍ਰਭੂ ਦਾ ਨਾਮ) ਮੰਗਦੇ ਹਨ,
43782	1024	ਆਪਿ ਨਿਰੰਜਨੁ ਅਲਖ ਅਪਾਰੀ॥	ਅ-ਲਖ	Aap Niranjan Alakh Apaaree ||	He Himself is the immaculate, unknowable, infinite Lord.	ਜੋ ਆਪ ਮਾਇਆ ਦੇ ਪ੍ਰਭਾਵ ਤੋਂ ਉਤਾਂਹ ਹੈ ਜੋ ਅਲੱਖ ਹੈ ਤੇ ਬੇਅੰਤ ਹੈ।
43783	1024	ਨਾਨਕੁ ਸਾਚੁ ਕਹੈ ਪ੍ਰਭ ਜਾਚੈ ਮੈ ਦੀਜੈ ਸਾਚੁ ਰਜਾਈ ਹੇ॥੧੬॥੪॥		Naanak Saach Kehai Prabh Jaachai Mai Dheejai Saach Rajaaee Hae ||16||4||	Nanak speaks the Truth; he begs from God. Please bless me with the Truth, by Your Will. ||16||4||	ਹੇ ਰਜ਼ਾ ਦੇ ਮਾਲਕ ਪ੍ਰਭੂ! ਨਾਨਕ (ਭੀ ਗੁਰੂ ਦੇ ਦਰ ਤੇ ਪੈ ਕੇ) ਤੇਰਾ ਸਦਾ-ਥਿਰ ਨਾਮ ਸਿਮਰਦਾ ਹੈ ਤੇ ਮੰਗਦਾ ਹੈ ਕਿ ਮੈਨੂੰ ਆਪਣੇ ਸਦਾ-ਥਿਰ ਰਹਿਣ ਵਾਲੇ ਨਾਮ ਦੀ ਦਾਤ ਦੇਹ ॥੧੬॥੪॥
43784	1024	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	

43785	1024	ਸਾਚੈ ਮੇਲੇ ਸਬਦਿ ਮਿਲਾਏ॥		Saachai Maelae Sabadh Milaaeae ||	The True Lord unites with those who are united with the Word of the Shabad.	ਸਦਾ-ਥਿਰ ਪ੍ਰਭੂ ਨੇ ਜਿਨ੍ਹਾਂ ਬੰਦਿਆਂ ਨੂੰ (ਆਪਣੇ ਚਰਨਾਂ ਵਿਚ) ਮਿਲਾਇਆ ਜਿਨ੍ਹਾਂ ਨੂੰ ਗੁਰੂ ਦੇ ਸ਼ਬਦ ਵਿਚ ਜੋੜਿਆ,
43786	1024	ਜਾ ਤਿਸੁ ਭਾਣਾ ਸਹਜਿ ਸਮਾਏ॥		Jaa This Bhaanaa Sehaj Samaaeae ||	When it pleases Him, we intuitively merge with Him.	ਤਾਂ ਜਦੋਂ ਉਸ ਨੂੰ ਚੰਗਾ ਲੱਗਾ, ਉਹ ਬੰਦੇ ਅਡੋਲ ਆਤਮਕ ਅਵਸਥਾ ਵਿਚ ਲੀਨ ਹੋ ਗਏ।
43787	1024	ਤ੍ਰਿਭਵਣ ਜੋਤਿ ਧਰੀ ਪਰਮੇਸਰਿ ਅਵਰੁ ਨ ਦੂਜਾ ਭਾਈ ਹੇ॥੧॥		Thribhavan Joth Dhharee Paramaesar Avar N Dhoojaa Bhaaee Hae ||1||	The Light of the Transcendent Lord pervades the three worlds; there is no other at all, O Siblings of Destiny. ||1||	ਪਰਮੇਸਰ ਨੇ ਆਪਣੀ ਜੋਤਿ ਤਿੰਨਾਂ ਭਵਨਾਂ ਵਿਚ ਟਿਕਾ ਰੱਖੀ ਹੈ; ਹੇ ਭਾਈ! ਕੋਈ ਹੋਰ ਉਸ ਪ੍ਰਭੂ ਵਰਗਾ ਨਹੀਂ ਹੈ ॥੧॥
43788	1024	ਜਿਸ ਕੇ ਚਾਕਰ ਤਿਸ ਕੀ ਸੇਵਾ॥		Jis Kae Chaakar This Kee Saevaa ||	I am His servant; I serve Him.	ਜਦੋਂ ਉਸ ਪ੍ਰਭੂ ਦੇ ਸੇਵਕ ਬਣ ਕੇ ਉਸ ਦੀ ਸੇਵਾ-ਭਗਤੀ ਕਰਦੇ ਹਨ,
43789	1024	ਸਬਦਿ ਪਤੀਜੈ ਅਲਖ ਅਭੇਵਾ॥	ਅ-ਲਖ	Sabadh Patheejai Alakh Abhaevaa ||	He is unknowable and mysterious; He is pleased by the Shabad.	ਜਦੋਂ (ਭਗਤ ਜਨ) ਗੁਰੂ ਦੇ ਸ਼ਬਦ ਵਿਚ ਜੁੜਦੇ ਹਨ, ਤਾਂ ਉਹ ਅਲੱਖ ਅਤੇ ਅਭੇਵ ਪ੍ਰਭੂ (ਉਹਨਾਂ ਦੀ ਇਸ ਘਾਲ ਤੇ) ਪ੍ਰਸੰਨ ਹੁੰਦਾ ਹੈ।
43790	1024	ਭਗਤਾ ਕਾ ਗੁਣਕਾਰੀ ਕਰਤਾ ਬਖਸਿ ਲਏ ਵਡਿਆਈ ਹੇ॥੨॥		Bhagathaa Kaa Gunakaaree Karathaa Bakhas Leae Vaddiaaee Hae ||2||	The Creator is the Benefactor of His devotees. He forgives them - such is His greatness. ||2||	ਕਰਤਾਰ ਆਪਣੇ ਭਗਤਾਂ ਵਿਚ ਆਤਮਕ ਗੁਣ ਪੈਦਾ ਕਰਦਾ ਹੈ, ਆਪ ਉਹਨਾਂ ਉਤੇ ਬਖ਼ਸ਼ਸ਼ ਕਰਦਾ ਹੈ ਉਹਨਾਂ ਨੂੰ ਵਡਿਆਈ ਦੇਂਦਾ ਹੈ ॥੨॥

43791	1024	ਦੇਦੇ ਤੋਟਿ ਨ ਆਵੈ ਸਾਚੇ॥		Dhaedhae Thott N Aavai Saachae ||	The True Lord gives and gives; His blessings never run short.	(ਜੀਵਾਂ ਨੂੰ ਦਾਤਾਂ) ਦੇ ਦੇ ਕੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ (ਭੰਡਾਰਿਆਂ ਵਿਚ) ਘਾਟਾ ਨਹੀਂ ਪੈਂਦਾ,
43792	1024	ਲੈ ਲੈ ਮੁਕਰਿ ਪਉਦੇ ਕਾਚੇ॥	ਮੁੱਕਰਿ, ਪਉਂਦੇ	Lai Lai Mukar Poudhae Kaachae ||	The false ones receive, and then deny having received.	ਪਰ ਥੋੜ੍ਹ-ਵਿਤੇ ਜੀਵ ਦਾਤਾਂ ਲੈ ਲੈ ਕੇ (ਭੀ) ਮੁੱਕਰ ਜਾਂਦੇ ਹਨ,
43793	1024	ਮੂਲੁ ਨ ਬੂਝਹਿ ਸਾਚਿ ਨ ਰੀਝਹਿ ਦੂਜੈ ਭਰਮਿ ਭੁਲਾਈ ਹੇ॥੩॥		Mool N Boojhehi Saach N Reejhehi Dhoojai Bharam Bhulaaee Hae ||3||	They do not understand their origins, they are not pleased with the Truth, and so they wander in duality and doubt. ||3||	(ਆਪਣੇ ਜੀਵਨ ਦੇ) ਮੂਲ-ਪ੍ਰਭੂ (ਦੇ ਖੁਲ੍ਹ-ਦਿਲੇ ਸੁਭਾਉ) ਨੂੰ ਨਹੀਂ ਸਮਝਦੇ। ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜਨ ਲਈ ਜੀਵਾਂ ਨੂੰ ਰੀਝ ਪੈਦਾ ਨਹੀਂ ਹੁੰਦੀ, ਪ੍ਰਭੂ ਤੋਂ ਬਿਨਾ ਹੋਰ ਆਸਰੇ ਦੀ ਝਾਕ ਵਿਚ ਭਟਕ ਕੇ ਕੁਰਾਹੇ ਪਏ ਰਹਿੰਦੇ ਹਨ ॥੩॥
43794	1024	ਗੁਰਮੁਖਿ ਜਾਗਿ ਰਹੇ ਦਿਨ ਰਾਤੀ॥		Guramukh Jaag Rehae Dhin Raathee ||	The Gurmukhs remain awake and aware, day and night.	ਜੇਹੜੇ ਬੰਦੇ ਗੁਰੂ ਦੀ ਸਰਨ ਪੈਂਦੇ ਹਨ ਉਹ ਹਰ ਵੇਲੇ ਮਾਇਆ ਦੇ ਮੋਹ ਵਲੋਂ ਸੁਚੇਤ ਰਹਿੰਦੇ ਹਨ।
43795	1024	ਸਾਚੇ ਕੀ ਲਿਵ ਗੁਰਮਤਿ ਜਾਤੀ॥		Saachae Kee Liv Guramath Jaathee ||	Following the Guru's Teachings, they know the Love of the True Lord.	ਗੁਰੂ ਦੀ ਸਿੱਖਿਆ ਲੈ ਕੇ ਉਹ ਸਦਾ-ਥਿਰ ਪ੍ਰਭੂ ਦੀ ਲਗਨ (ਦਾ ਆਨੰਦ) ਪਛਾਣ ਲੈਂਦੇ ਹਨ।

43796	1024	ਮਨਮੁਖ ਸੋਇ ਰਹੇ ਸੇ ਲੂਟੇ ਗੁਰਮੁਖ ਸਾਬਤੁ ਭਾਈ ਹੇ॥੪॥		Manamukh Soe Rehae Sae Loottae Guramukh Saabath Bhaaee Hae ||4||	The self-willed manmukhs remain asleep, and are plundered. The Gurmukhs remain safe and sound, O Siblings of Destiny. ||4||	ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ ਆਪਣੇ ਆਤਮਕ ਜੀਵਨ ਦੀ ਪੂੰਜੀ ਨੂੰ (ਮਾਇਆ ਦੇ ਹੱਲਿਆਂ ਤੋਂ) ਬਚਾ ਕੇ ਰੱਖਦੇ ਹਨ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮਾਇਆ ਦੇ ਮੋਹ ਵਿਚ ਗ਼ਾਫ਼ਿਲ ਟਿਕੇ ਰਹਿੰਦੇ ਹਨ, ਤੇ ਆਤਮਕ ਗੁਣਾਂ ਦਾ ਸਰਮਾਇਆ ਲੁਟਾ ਬੈਠਦੇ ਹਨ ॥੪॥
43797	1024	ਕੂੜੇ ਆਵੈ ਕੂੜੇ ਜਾਵੈ॥		Koorrae Aavai Koorrae Jaavai ||	The false come, and the false go;	ਉਹ ਜੀਵ-ਇਸਤ੍ਰੀ ਮਾਇਆ ਦੇ ਮੋਹ ਵਿਚ ਗ੍ਰਸੀ ਹੀ ਜੰਮਦੀ ਹੈ, ਮਾਇਆ ਦੇ ਮੋਹ ਵਿਚ ਫਸੀ ਹੀ ਦੁਨੀਆ ਤੋਂ ਚਲੀ ਜਾਂਦੀ ਹੈ,
43798	1024	ਕੂੜੇ ਰਾਤੀ ਕੂੜੁ ਕਮਾਵੈ॥		Koorrae Raathee Koorr Kamaavai ||	Imbued with falsehood, they practice only falsehood.	ਜੇਹੜੀ ਮਾਇਆ ਦੇ ਮੋਹ ਦੇ ਰੰਗ ਵਿਚ ਰੰਗੀ ਰਹਿੰਦੀ ਹੈ। ਉਹ ਇਥੇ ਸਦਾ ਮਾਇਆ ਦੇ ਮੋਹ ਦਾ ਹੀ ਵਣਜ ਕਰਦੀ ਹੈ।
43799	1024	ਸਬਦਿ ਮਿਲੇ ਸੇ ਦਰਗਹ ਪੈਧੇ ਗੁਰਮੁਖਿ ਸੁਰਤਿ ਸਮਾਈ ਹੇ॥੫॥		Sabadh Milae Sae Dharageh Paidhhae Guramukh Surath Samaaee Hae ||5||	Those who are imbued with the Shabad are robed in honor in the Court of the Lord; the Gurmukhs focus their consciousness on Him. ||5||	ਜੇਹੜੇ ਬੰਦੇ ਗੁਰੂ ਦੇ ਸ਼ਬਦ ਵਿਚ ਜੁੜੇ ਰਹਿੰਦੇ ਹਨ ਉਹਨਾਂ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਮਿਲਦਾ ਹੈ। ਗੁਰੂ ਦੀ ਸਰਨ ਪੈਣ ਵਾਲੇ ਬੰਦਿਆਂ ਦੀ ਸੁਰਤ (ਪ੍ਰਭੂ ਦੀ ਯਾਦ ਵਿਚ) ਟਿਕੀ ਰਹਿੰਦੀ ਹੈ ॥੫॥

43800	1024	ਕੂੜਿ ਮੁਠੀ ਠਗੀ ਠਗਵਾੜੀ॥	ਠੱਗੀ, ਠੱਗਵਾੜੀ	Koorr Muthee Thagee Thagavaarree ||	The false are cheated, and robbed by the robbers.	ਜੇਹੜੀ ਜੀਵ-ਇਸਤ੍ਰੀ ਮਾਇਆ ਦੀ ਤ੍ਰਿਸ਼ਨਾ ਵਿਚ ਮੋਹੀ ਰਹਿੰਦੀ ਹੈ ਉਸ ਦੇ ਆਤਮਕ ਜੀਵਨ ਦੀ ਬਗ਼ੀਚੀ ਨੂੰ ਕਾਮਾਦਿਕ ਠੱਗ ਠੱਗ ਲੈਂਦੇ ਹਨ,
43801	1024	ਜਿਉ ਵਾੜੀ ਓਜਾੜਿ ਉਜਾੜੀ॥		Jio Vaarree Oujaarr Oujaarree ||	The garden is laid waste, like the rough wilderness.	ਜਿਵੇਂ ਕੋਈ ਫੁਲਵਾੜੀ ਕਿਤੇ ਉਜਾੜ ਵਿਚ (ਨਿਖਸਮੀ ਹੋਣ ਕਰਕੇ) ਉੱਜੜ ਜਾਂਦੀ ਹੈ।
43802	1024	ਨਾਮ ਬਿਨਾ ਕਿਛੁ ਸਾਦਿ ਨ ਲਾਗੈ ਹਰਿ ਬਿਸਰਿਐ ਦੁਖੁ ਪਾਈ ਹੇ॥੬॥		Naam Binaa Kishh Saadh N Laagai Har Bisariai Dhukh Paaee Hae ||6||	Without the Naam, the Name of the Lord, nothing tastes sweet; forgetting the Lord, they suffer in sorrow. ||6||	(ਭਾਵੇਂ ਉਹ ਮਾਇਆ ਦੇ ਮੋਹ ਵਿਚ ਫਸੀ ਰਹਿੰਦੀ ਹੈ, ਫਿਰ ਭੀ) ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਖਿੱਚ ਸੁਆਦਲੀ ਨਹੀਂ ਲੱਗ ਸਕਦੀ, ਪ੍ਰਭੂ ਦਾ ਨਾਮ ਭੁੱਲਣ ਕਰਕੇ ਉਹ ਸਦਾ ਦੁੱਖ ਹੀ ਪਾਂਦੀ ਹੈ ॥੬॥
43803	1024	ਭੋਜਨੁ ਸਾਚੁ ਮਿਲੈ ਆਘਾਈ॥		Bhojan Saach Milai Aaghaaee ||	Receiving the food of Truth, one is satisfied.	ਜਿਸ ਮਨੁੱਖ ਨੂੰ ਸਦਾ-ਥਿਰ ਪ੍ਰਭੂ ਦਾ ਨਾਮ (ਆਤਮਕ ਜ਼ਿੰਦਗੀ ਵਾਸਤੇ) ਭੋਜਨ ਮਿਲਦਾ ਹੈ, ਉਹ (ਤ੍ਰਿਸ਼ਨਾ ਵਲੋਂ) ਰੱਜ ਜਾਂਦਾ ਹੈ।
43804	1024	ਨਾਮ ਰਤਨੁ ਸਾਚੀ ਵਡਿਆਈ॥		Naam Rathan Saachee Vaddiaaee ||	True is the glorious greatness of the jewel of the Name.	ਜਿਸ ਨੂੰ ਪਰਮਾਤਮਾ ਦਾ ਨਾਮ-ਰਤਨ ਲੱਭ ਪੈਂਦਾ ਹੈ, ਉਸ ਨੂੰ (ਲੋਕ ਪਰਲੋਕ ਵਿਚ) ਸਦਾ-ਥਿਰ ਰਹਿਣ ਵਾਲੀ ਇੱਜ਼ਤ ਮਿਲਦੀ ਹੈ।

43805	1024	ਚੀਨੈ ਆਪੁ ਪਛਾਣੈ ਸੋਈ ਜੋਤੀ ਜੋਤਿ ਮਿਲਾਈ ਹੇ॥੭॥		Cheenai Aap Pashhaanai Soee Jothee Joth Milaaee Hae ||7||	One who understands his own self, realizes the Lord. His light merges into the Light. ||7||	ਜੇਹੜਾ ਮਨੁੱਖ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ, ਉਹੀ (ਆਪਣੇ ਜੀਵਨ-ਮਨੋਰਥ ਨੂੰ) ਪਛਾਣਦਾ ਹੈ, ਉਸ ਦੀ ਸੁਰਤ ਪ੍ਰਭੂ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ ॥੭॥
43806	1025	ਨਾਵਹੁ ਭੁਲੀ ਚੋਟਾ ਖਾਏ॥		Naavahu Bhulee Chottaa Khaaeae ||	Wandering from the Name, he endures beatings.	ਜੇਹੜੀ ਜੀਵ-ਇਸਤ੍ਰੀ ਪਰਮਾਤਮਾ ਦੇ ਨਾਮ ਤੋਂ ਖੁੰਝੀ ਰਹਿੰਦੀ ਹੈ ਉਹ ਦੁੱਖ ਸਹਾਰਦੀ ਹੈ।
43807	1025	ਬਹੁਤੁ ਸਿਆਣਪ ਭਰਮੁ ਨ ਜਾਏ॥		Bahuth Siaanap Bharam N Jaaeae ||	Even great cleverness does not dispel doubt.	(ਦੁਨੀਆ ਦੇ ਕੰਮਾਂ ਵਿਚ ਭਾਵੇਂ ਉਹ) ਬਹੁਤ ਸਿਆਣਪ (ਵਿਖਾਵੇ), ਉਸ ਦੀ (ਮਾਇਆ ਦੀ) ਭਟਕਣਾ ਦੂਰ ਨਹੀਂ ਹੁੰਦੀ।
43808	1025	ਪਚਿ ਪਚਿ ਮੁਏ ਅਚੇਤ ਨ ਚੇਤਹਿ ਅਜਗਰਿ ਭਾਰਿ ਲਦਾਈ ਹੇ॥੮॥	ਲੱਦਾਈ	Pach Pach Mueae Achaeth N Chaethehi Ajagar Bhaar Ladhaaee Hae ||8||	The unconscious fool does not remain conscious of the Lord; he putrifies and rots away to death, carrying his heavy load of sin. ||8||	ਜੇਹੜੇ ਬੰਦੇ ਪਰਮਾਤਮਾ ਦੀ ਯਾਦ ਵਲੋਂ ਅਵੇਸਲੇ ਰਹਿੰਦੇ ਹਨ ਪਰਮਾਤਮਾ ਨੂੰ ਚੇਤੇ ਨਹੀਂ ਕਰਦੇ, (ਉਹ ਮਾਇਆ ਦੇ ਮੋਹ ਵਿਚ) ਖ਼ੁਆਰ ਹੋ ਹੋ ਕੇ ਆਤਮਕ ਮੌਤ ਸਹੇੜਦੇ ਹਨ, ਉਹ (ਮੋਹ ਦੇ) ਬਹੁਤ ਹੀ ਭਾਰੇ ਬੋਝ ਹੇਠ ਲੱਦੇ ਰਹਿੰਦੇ ਹਨ ॥੮॥
43809	1025	ਬਿਨੁ ਬਾਦ ਬਿਰੋਧਹਿ ਕੋਈ ਨਾਹੀ॥		Bin Baadh Birodhhehi Koee Naahee ||	No one is free of conflict and strife.	(ਮਾਇਆ ਦੇ ਮੋਹ ਵਿਚ ਫਸਿਆਂ ਦਾ ਜਿਧਰ ਕਿਧਰ ਭੀ ਹਾਲ ਵੇਖੋ) ਝਗੜਿਆਂ ਤੋਂ ਵਿਰੋਧ ਤੋਂ ਕੋਈ ਭੀ ਖ਼ਾਲੀ ਨਹੀਂ ਹੈ,

43810	1025	ਮੈ ਦੇਖਾਲਿਹੁ ਤਿਸੁ ਸਾਲਾਹੀ॥		Mai Dhaekhaalihu This Saalaahee ||	Show me anyone who is, and I will praise him.	(ਤੇ ਤੁਹਾਨੂੰ ਯਕੀਨ ਨਹੀਂ ਆਉਂਦਾ ਤਾਂ) ਮੈਨੂੰ ਕੋਈ ਐਸਾ ਵਿਖਾਓ, ਮੈਂ ਉਸ ਦਾ ਸਤਕਾਰ ਕਰਦਾ ਹਾਂ।
43811	1025	ਮਨੁ ਤਨੁ ਅਰਪਿ ਮਿਲੈ ਜਗਜੀਵਨੁ ਹਰਿ ਸਿਉ ਬਣਤ ਬਣਾਈ ਹੇ॥੯॥		Man Than Arap Milai Jagajeevan Har Sio Banath Banaaee Hae ||9||	Dedicating mind and body to God, one meets the Lord, the Life of the World, and becomes just like Him. ||9||	ਆਪਣਾ ਮਨ ਤੇ ਸਰੀਰ ਭੇਟਾ ਕੀਤਿਆਂ ਹੀ (ਭਾਵ, ਆਪਣੇ ਮਨ ਦੀ ਅਗਵਾਈ ਤੇ ਗਿਆਨ-ਇੰਦ੍ਰਿਆਂ ਦੀ ਭਟਕਣਾ ਛੱਡਿਆਂ ਹੀ) ਜਗਤ ਦਾ ਜੀਵਨ ਪਰਮਾਤਮਾ ਮਿਲਦਾ ਹੈ, ਤਦੋਂ ਹੀ ਉਸ ਨਾਲ ਸਾਂਝ ਬਣਦੀ ਹੈ ॥੯॥
43812	1025	ਪ੍ਰਭ ਕੀ ਗਤਿ ਮਿਤਿ ਕੋਇ ਨ ਪਾਵੈ॥		Prabh Kee Gath Mith Koe N Paavai ||	No one knows the state and extent of God.	ਕੋਈ ਆਦਮੀ ਨਹੀਂ ਜਾਣ ਸਕਦਾ ਕਿ ਪਰਮਾਤਮਾ ਕਿਹੋ ਜਿਹਾ ਹੈ ਅਤੇ ਕੇਡਾ ਵੱਡਾ ਹੈ।
43813	1025	ਜੇ ਕੋ ਵਡਾ ਕਹਾਇ ਵਡਾਈ ਖਾਵੈ॥		Jae Ko Vaddaa Kehaae Vaddaaee Khaavai ||	Whoever calls himself great, will be eaten by his greatness.	ਜੇ ਕੋਈ ਮਨੁੱਖ ਆਪਣੇ ਆਪ ਨੂੰ ਵੱਡਾ ਅਖਵਾ ਕੇ (ਇਹ ਮਾਣ ਕਰੇ ਕਿ ਮੈਂ ਪ੍ਰਭੂ ਦੀ ਗਤਿ ਮਿਤਿ ਲੱਭ ਸਕਦਾ ਹਾਂ ਤਾਂ ਇਹ) ਮਾਣ ਉਸ ਦੇ ਆਤਮਕ ਜੀਵਨ ਨੂੰ ਤਬਾਹ ਕਰ ਦੇਂਦਾ ਹੈ।
43814	1025	ਸਾਚੇ ਸਾਹਿਬ ਤੋਟਿ ਨ ਦਾਤੀ ਸਗਲੀ ਤਿਨਹਿ ਉਪਾਈ ਹੇ॥੧੦॥	ਦਾਤੀਂ	Saachae Saahib Thott N Dhaathee Sagalee Thinehi Oupaaee Hae ||10||	There is no lack of gifts of our True Lord and Master. He created all. ||10||	ਸਾਰੀ ਸ੍ਰਿਸ਼ਟੀ ਸਦਾ-ਥਿਰ ਰਹਿਣ ਵਾਲੇ ਮਾਲਕ ਨੇ ਪੈਦਾ ਕੀਤੀ ਹੈ (ਸਭ ਨੂੰ ਦਾਤਾਂ ਦੇਂਦਾ ਹੈ, ਪਰ ਉਸ ਦੀਆਂ) ਦਾਤਾਂ ਵਿਚ ਕਮੀ ਨਹੀਂ ਹੁੰਦੀ ॥੧੦॥

43815	1025	ਵਡੀ ਵਡਿਆਈ ਵੇਪਰਵਾਹੇ॥		Vaddee Vaddiaaee Vaeparavaahae ||	Great is the glorious greatness of the independent Lord.	(ਪਰਮਾਤਮਾ ਦੀ ਇਹ ਇਕ) ਬੜੀ ਭਾਰੀ ਸਿਫ਼ਤ ਹੈ ਕਿ (ਇਤਨੇ ਵੱਡੇ ਜਗਤ-ਪਰਵਾਰ ਦਾ ਮਾਲਕ-ਖਸਮ ਹੋ ਕੇ ਭੀ) ਬੇ-ਪਰਵਾਹ ਹੈ (ਪ੍ਰਬੰਧ ਕਰਨ ਵਿਚ ਘਬਰਾਂਦਾ ਨਹੀਂ),
43816	1025	ਆਪਿ ਉਪਾਏ ਦਾਨੁ ਸਮਾਹੇ॥		Aap Oupaaeae Dhaan Samaahae ||	He Himself created, and gives sustanance to all.	ਆਪ ਹੀ ਪੈਦਾ ਕਰਦਾ ਹੈ ਤੇ ਆਪ ਹੀ ਸਭ ਨੂੰ ਰਿਜ਼ਕ ਅਪੜਾਂਦਾ ਹੈ।
43817	1025	ਆਪਿ ਦਇਆਲੁ ਦੂਰਿ ਨਹੀ ਦਾਤਾ ਮਿਲਿਆ ਸਹਜਿ ਰਜਾਈ ਹੇ॥੧੧॥		Aap Dhaeiaal Dhoor Nehee Dhaathaa Miliaa Sehaj Rajaaee Hae ||11||	The Merciful Lord is not far away; the Great Giver spontaneously unites with Himself, by His Will. ||11||	ਸਭ ਦਾਤਾਂ ਦਾ ਮਾਲਕ ਪ੍ਰਭੂ ਦਇਆ ਦਾ ਸੋਮਾ ਹੈ, ਕਿਸੇ ਭੀ ਜੀਵ ਤੋਂ ਦੂਰ ਨਹੀਂ ਹੈ, ਉਹ ਰਜ਼ਾ ਦਾ ਮਾਲਕ ਜਿਸ ਜੀਵ ਨੂੰ ਮਿਲ ਪੈਂਦਾ ਹੈ ਉਹ (ਭੀ) ਆਤਮਕ ਅਡਲੋਤਾ ਵਿਚ ਟਿਕ ਜਾਂਦਾ ਹੈ ॥੧੧॥
43818	1025	ਇਕਿ ਸੋਗੀ ਇਕਿ ਰੋਗਿ ਵਿਆਪੇ॥		Eik Sogee Eik Rog Viaapae ||	Some are sad, and some are afflicted with disease.	(ਸ੍ਰਿਸ਼ਟੀ ਦੇ) ਅਨੇਕਾਂ ਜੀਵ ਸੋਗ ਵਿਚ ਗ੍ਰਸੇ ਰਹਿੰਦੇ ਹਨ, ਅਨੇਕਾਂ ਜੀਵ ਰੋਗ ਹੇਠ ਦਬਾਏ ਰਹਿੰਦੇ ਹਨ।
43819	1025	ਜੋ ਕਿਛੁ ਕਰੇ ਸੁ ਆਪੇ ਆਪੇ॥		Jo Kishh Karae S Aapae Aapae ||	Whatever God does, He does by Himself.	ਜੋ ਕੁਝ ਕਰਦਾ ਹੈ ਪ੍ਰਭੂ ਆਪ ਹੀ ਆਪ ਕਰਦਾ ਹੈ।

43820	1025	ਭਗਤਿ ਭਾਉ ਗੁਰ ਕੀ ਮਤਿ ਪੂਰੀ ਅਨਹਦਿ ਸਬਦਿ ਲਖਾਈ ਹੇ॥੧੨॥		Bhagath Bhaao Gur Kee Math Pooree Anehadh Sabadh Lakhaaee Hae ||12||	Through loving devotion, and the Perfect Teachings of the Guru, the unstruck sound current of the Shabad is realized. ||12||	ਜੋ ਮਨੁੱਖ ਗੁਰੂ ਦੀ ਪੂਰੀ ਮੱਤ ਦੀ ਰਾਹੀਂ ਪਰਮਾਤਮਾ ਦੀ ਭਗਤੀ ਕਰਦਾ ਹੈ ਪਰਮਾਤਮਾ ਨਾਲ ਪ੍ਰੇਮ ਗੰਢਦਾ ਹੈ, ਉਹ ਉਸ ਅਮਰ ਪ੍ਰਭੂ ਵਿਚ ਲੀਨ ਰਹਿੰਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਉਸ ਨੂੰ ਆਪਣਾ ਆਪ ਲਖਾ ਦੇਂਦਾ ਹੈ (ਤੇ ਉਸ ਨੂੰ ਕੋਈ ਸੋਗ ਕੋਈ ਰੋਗ ਨਹੀਂ ਵਿਆਪਦਾ) ॥੧੨॥
43821	1025	ਇਕਿ ਨਾਗੇ ਭੂਖੇ ਭਵਹਿ ਭਵਾਏ॥	ਨਾਂਗੇ	Eik Naagae Bhookhae Bhavehi Bhavaaeae ||	Some wander and roam around, hungry and naked.	ਅਨੇਕਾਂ ਬੰਦੇ (ਜਗਤ ਤਿਆਗ ਕੇ) ਨੰਗੇ ਰਹਿੰਦੇ ਹਨ, ਭੁੱਖਾਂ ਕੱਟਦੇ ਹਨ (ਤਿਆਗ ਦੇ ਭੁਲੇਖੇ ਦੇ) ਭਟਕਾਏ ਹੋਏ (ਥਾਂ ਥਾਂ) ਭੌਂਦੇ ਫਿਰਦੇ ਹਨ।
43822	1025	ਇਕਿ ਹਠੁ ਕਰਿ ਮਰਹਿ ਨ ਕੀਮਤਿ ਪਾਏ॥	ਹਠੁ: ਪੋਲਾ ਬੋਲੋ	Eik Hath Kar Marehi N Keemath Paaeae ||	Some act in stubbornness and die, but do not know the value of God.	ਅਨੇਕਾਂ ਬੰਦੇ (ਕਿਸੇ ਮਿਥੀ ਆਤਮਕ ਉੱਨਤੀ ਦੀ ਪ੍ਰਾਪਤੀ ਦੀ ਖ਼ਾਤਰ) ਆਪਣੇ ਸਰੀਰ ਉਤੇ ਧੱਕਾ-ਜ਼ੋਰ ਕਰ ਕੇ ਮਰਦੇ ਹਨ। ਪਰ ਅਜੇਹਾ ਕੋਈ ਮਨੁੱਖ (ਮਨੁੱਖਾ ਜੀਵਨ ਦੀ) ਕਦਰ ਨਹੀਂ ਸਮਝਦਾ।

43823	1025	ਗਤਿ ਅਵਿਗਤ ਕੀ ਸਾਰ ਨ ਜਾਣੈ ਬੂਝੈ ਸਬਦੁ ਕਮਾਈ ਹੇ॥੧੩॥		Gath Avigath Kee Saar N Jaanai Boojhai Sabadh Kamaaee Hae ||13||	They do not know the difference between good and bad; this is understood only through the practice of the Word of the Shabad. ||13||	ਅਜੇਹੇ ਕਿਸੇ ਬੰਦੇ ਨੂੰ ਚੰਗੇ ਮੰਦੇ ਆਤਮਕ ਜੀਵਨ ਦੀ ਸਮਝ ਨਹੀਂ ਪੈਂਦੀ। ਉਹੀ ਬੰਦਾ ਸਮਝਦਾ ਹੈ ਜੋ ਗੁਰੂ ਦਾ ਸ਼ਬਦ ਕਮਾਂਦਾ ਹੈ (ਜੋ ਗੁਰੂ ਦੇ ਸ਼ਬਦ ਅਨੁਸਾਰ ਆਪਣਾ ਜੀਵਨ ਢਾਲਦਾ ਹੈ) ॥੧੩॥
43824	1025	ਇਕਿ ਤੀਰਥਿ ਨਾਵਹਿ ਅੰਨੁ ਨ ਖਾਵਹਿ॥		Eik Theerathh Naavehi Ann N Khaavehi ||	Some bathe at sacred shrines and refuse to eat.	ਅਨੇਕਾਂ ਬੰਦੇ (ਜਗਤ ਤਿਆਗ ਕੇ) ਤੀਰਥ (ਤੀਰਥਾਂ) ਉਤੇ ਇਸ਼ਨਾਨ ਕਰਦੇ ਹਨ, ਤੇ ਅੰਨ ਨਹੀਂ ਖਾਂਦੇ (ਦੁਧਾਧਾਰੀ ਬਣਦੇ ਹਨ)।
43825	1025	ਇਕਿ ਅਗਨਿ ਜਲਾਵਹਿ ਦੇਹ ਖਪਾਵਹਿ॥		Eik Agan Jalaavehi Dhaeh Khapaavehi ||	Some torment their bodies in burning fire.	ਅਨੇਕਾਂ ਬੰਦੇ (ਤਿਆਗੀ ਬਣ ਕੇ) ਅੱਗ ਬਾਲਦੇ ਹਨ (ਧੂਣੀਆਂ ਤਪਾਂਦੇ ਹਨ ਤੇ) ਆਪਣੇ ਸਰੀਰ ਨੂੰ (ਤਪਾਂ ਦਾ) ਕਸ਼ਟ ਦੇਂਦੇ ਹਨ।
43826	1025	ਰਾਮ ਨਾਮ ਬਿਨੁ ਮੁਕਤਿ ਨ ਹੋਈ ਕਿਤੁ ਬਿਧਿ ਪਾਰਿ ਲੰਘਾਈ ਹੇ॥੧੪॥	ਬਿਧਿ: ਪੋਲਾ ਬੋਲੋ	Raam Naam Bin Mukath N Hoee Kith Bidhh Paar Langhaaee Hae ||14||	Without the Lord's Name, liberation is not obtained; how can anyone cross over? ||14||	ਪਰ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ (ਮਾਇਆ ਦੇ ਬੰਧਨਾਂ ਤੋਂ) ਖ਼ਲਾਸੀ ਨਹੀਂ ਮਿਲਦੀ। ਸਿਮਰਨ ਤੋਂ ਬਿਨਾ ਹੋਰ ਕਿਸੇ ਤਰੀਕੇ ਨਾਲ ਕੋਈ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘ ਸਕਦਾ ॥੧੪॥

43827	1025	ਗੁਰਮਤਿ ਛੋਡਹਿ ਉਝੜਿ ਜਾਈ॥		Guramath Shhoddehi Oujharr Jaaee ||	Abandoning the Guru's Teachings, some wander in the wilderness.	(ਕਈ ਬੰਦੇ ਐਸੇ ਹਨ ਜੋ) ਔਝੜੇ ਜਾ ਕੇ ਗੁਰੂ ਦੀ ਮੱਤ ਤੇ ਤੁਰਨਾ ਛੱਡ ਦੇਂਦੇ ਹਨ।
43828	1025	ਮਨਮੁਖਿ ਰਾਮੁ ਨ ਜਪੈ ਅਵਾਈ॥		Manamukh Raam N Japai Avaaee ||	The self-willed manmukhs are destitute; they do not meditate on the Lord.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਅਵੈੜਾ ਮਨੁੱਖ ਪਰਮਾਤਮਾ ਦਾ ਨਾਮ ਨਹੀਂ ਜਪਦਾ।
43829	1025	ਪਚਿ ਪਚਿ ਬੂਡਹਿ ਕੂੜੁ ਕਮਾਵਹਿ ਕੂੜਿ ਕਾਲੁ ਬੈਰਾਈ ਹੇ॥੧੫॥		Pach Pach Booddehi Koorr Kamaavehi Koorr Kaal Bairaaee Hae ||15||	They are ruined, destroyed and drowned from practicing falsehood; death is the enemy of the false. ||15||	ਪਰਮਾਤਮਾ ਦੇ ਨਾਮ ਤੋਂ ਖੁੰਝੇ ਹੋਏ ਬੰਦੇ (ਨਿਰਾ) ਮਾਇਆ ਦਾ ਧੰਧਾ ਹੀ ਕਰਦੇ ਰਹਿੰਦੇ ਹਨ, ਅਜੇਹੇ ਬੰਦੇ ਖ਼ੁਆਰ ਹੋ ਹੋ ਕੇ (ਮਾਇਆ ਦੇ ਮੋਹ ਦੇ ਸਮੁੰਦਰ ਵਿਚ ਹੀ) ਗੋਤੇ ਖਾਂਦੇ ਰਹਿੰਦੇ ਹਨ (ਮਾਇਆ ਦੇ ਮੋਹ ਦੇ) ਝੂਠੇ ਧੰਧੇ ਵਿਚ (ਫਸੇ ਰਹਿਣ ਕਰਕੇ) ਆਤਮਕ ਮੌਤ ਉਹਨਾਂ ਦੀ ਵੈਰਨ ਬਣ ਜਾਂਦੀ ਹੈ ॥੧੫॥
43830	1025	ਹੁਕਮੇ ਆਵੈ ਹੁਕਮੇ ਜਾਵੈ॥		Hukamae Aavai Hukamae Jaavai ||	By the Hukam of the Lord's Command, they come, and by the Hukam of His Command, they go.	ਹਰੇਕ ਜੀਵ ਪਰਮਾਤਮਾ ਦੇ ਹੁਕਮ ਅਨੁਸਾਰ ਹੀ (ਜਗਤ ਵਿਚ) ਆਉਂਦਾ ਹੈ, ਉਸ ਦੇ ਹੁਕਮ ਅਨੁਸਾਰ (ਇਥੋਂ) ਚਲਾ ਜਾਂਦਾ ਹੈ।
43831	1025	ਬੂਝੈ ਹੁਕਮੁ ਸੋ ਸਾਚਿ ਸਮਾਵੈ ॥		Boojhai Hukam So Saach Samaavai ||	One who realizes His Hukam, merges in the True Lord.	ਜੇਹੜਾ ਜੀਵ ਉਸ ਦੀ ਰਜ਼ਾ ਨੂੰ ਸਮਝ ਲੈਂਦਾ ਹੈ ਉਹ ਉਸ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ।

43832	1025	ਨਾਨਕ ਸਾਚੁ ਮਿਲੈ ਮਨਿ ਭਾਵੈ ਗੁਰਮੁਖਿ ਕਾਰ ਕਮਾਈ ਹੇ॥੧੬॥੫॥		Naanak Saach Milai Man Bhaavai Guramukh Kaar Kamaaee Hae ||16||5||	O Nanak, he merges in the True Lord, and his mind is pleased with the Lord. The Gurmukhs do His work. ||16||5||	ਹੇ ਨਾਨਕ! ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਸਿਮਰਨ ਦੀ) ਕਾਰ ਕਰਦਾ ਹੈ ਉਸ ਨੂੰ ਸਦਾ-ਥਿਰ ਪ੍ਰਭੂ ਮਿਲ ਪੈਂਦਾ ਹੈ, ਉਸ ਦੇ ਮਨ ਵਿਚ ਪ੍ਰਭੂ ਪਿਆਰਾ ਲੱਗਣ ਲੱਗ ਪੈਂਦਾ ਹੈ ॥੧੬॥੫॥
43833	1025	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
43834	1025	ਆਪੇ ਕਰਤਾ ਪੁਰਖੁ ਬਿਧਾਤਾ॥		Aapae Karathaa Purakh Bidhhaathaa ||	He Himself is the Creator Lord, the Architect of Destiny.	ਕਰਤਾਰ ਆਪ ਹੀ ਸ੍ਰਿਸ਼ਟੀ ਦਾ ਪੈਦਾ ਕਰਨ ਵਾਲਾ ਹੈ ਤੇ ਆਪ ਹੀ ਇਸ ਵਿਚ ਵਿਆਪਕ ਹੈ।
43835	1025	ਜਿਨਿ ਆਪੇ ਆਪਿ ਉਪਾਇ ਪਛਾਤਾ॥		Jin Aapae Aap Oupaae Pashhaathaa ||	He evaluates those whom He Himself has created.	ਉਸ ਕਰਤਾਰ ਨੇ ਆਪ ਹੀ ਜਗਤ ਪੈਦਾ ਕਰ ਕੇ ਇਸ ਦੀ ਸੰਭਾਲ ਦਾ ਫ਼ਰਜ਼ ਭੀ ਪਛਾਣਿਆ ਹੈ।
43836	1025	ਆਪੇ ਸਤਿਗੁਰੁ ਆਪੇ ਸੇਵਕੁ ਆਪੇ ਸ੍ਰਿਸਟਿ ਉਪਾਈ ਹੇ॥੧॥		Aapae Sathigur Aapae Saevak Aapae Srisatt Oupaaee Hae ||1||	He Himself is the True Guru, and He Himself is the servant; He Himself created the Universe. ||1||	ਪ੍ਰਭੂ ਆਪ ਹੀ ਸਤਿਗੁਰੂ ਹੈ ਆਪ ਹੀ ਸੇਵਕ ਹੈ, ਪ੍ਰਭੂ ਨੇ ਆਪ ਹੀ ਇਹ ਸ੍ਰਿਸ਼ਟੀ ਰਚੀ ਹੈ ॥੧॥
43837	1025	ਆਪੇ ਨੇੜੈ ਨਾਹੀ ਦੂਰੇ॥		Aapae Naerrai Naahee Dhoorae ||	He is near at hand, not far away.	(ਸਰਬ-ਵਿਆਪਕ ਹੋਣ ਕਰਕੇ ਪ੍ਰਭੂ) ਆਪ ਹੀ (ਹਰੇਕ ਜੀਵ ਦੇ) ਨੇੜੇ ਹੈ ਕਿਸੇ ਤੋਂ ਭੀ ਦੂਰ ਨਹੀਂ।

43838	1025	ਬੂਝਹਿ ਗੁਰਮੁਖਿ ਸੇ ਜਨ ਪੂਰੇ॥		Boojhehi Guramukh Sae Jan Poorae ||	The Gurmukhs understand Him; perfect are those humble beings.	ਜੇਹੜੇ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਇਹ ਭੇਦ ਸਮਝ ਲੈਂਦੇ ਹਨ ਉਹ ਅਭੁੱਲ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ।
43839	1025	ਤਿਨ ਕੀ ਸੰਗਤਿ ਅਹਿ ਨਿਸਿ ਲਾਹਾ ਗੁਰ ਸੰਗਤਿ ਏਹ ਵਡਾਈ ਹੇ॥੨॥		Thin Kee Sangath Ahinis Laahaa Gur Sangath Eaeh Vaddaaee Hae ||2||	Associating with them night and day is profitable. This is the glorious greatness of associating with the Guru. ||2||	ਗੁਰੂ ਦੀ ਸੰਗਤ ਕਰਨ ਕਰਕੇ ਉਹਨਾਂ ਨੂੰ ਇਹ ਮਹੱਤਤਾ ਮਿਲਦੀ ਹੈ ਕਿ ਉਹਨਾਂ ਦੀ ਸੰਗਤ ਤੋਂ ਭੀ ਦਿਨ ਰਾਤ ਲਾਭ ਹੀ ਲਾਭ ਮਿਲਦਾ ਹੈ ॥੨॥
43840	1025	ਜੁਗਿ ਜੁਗਿ ਸੰਤ ਭਲੇ ਪ੍ਰਭ ਤੇਰੇ॥		Jug Jug Santh Bhalae Prabh Thaerae ||	Throughout the ages, Your Saints are holy and sublime, O God.	ਹੇ ਪ੍ਰਭੂ! ਹਰੇਕ ਜੁਗ ਵਿਚ ਤੇਰੇ ਸੰਤ ਨੇਕ ਬੰਦੇ ਹੁੰਦੇ ਹਨ,
43841	1025	ਹਰਿ ਗੁਣ ਗਾਵਹਿ ਰਸਨ ਰਸੇਰੇ॥		Har Gun Gaavehi Rasan Rasaerae ||	They sing the Glorious Praises of the Lord, savoring it with their tongues.	ਉਹ ਜੀਭ ਨਾਲ ਰਸ ਲੈ ਕੇ ਤੇਰੇ ਗੁਣ ਗਾਂਦੇ ਹਨ।
43842	1025	ਉਸਤਤਿ ਕਰਹਿ ਪਰਹਰਿ ਦੁਖੁ ਦਾਲਦੁ ਜਿਨ ਨਾਹੀ ਚਿੰਤ ਪਰਾਈ ਹੇ॥੩॥		Ousathath Karehi Parehar Dhukh Dhaaladh Jin Naahee Chinth Paraaee Hae ||3||	They chant His Praises, and their pain and poverty are taken away; they are not afraid of anyone else. ||3||	ਤੈਥੋਂ ਬਿਨਾ ਉਹਨਾਂ ਨੂੰ ਕਿਸੇ ਹੋਰ ਦੀ ਆਸ ਨਹੀਂ ਹੁੰਦੀ, ਹੇ ਪ੍ਰਭੂ! ਉਹ ਤੇਰੀ ਸਿਫ਼ਤ-ਸਾਲਾਹ ਕਰਦੇ ਹਨ (ਆਪਣੇ ਅੰਦਰੋਂ) ਦੁੱਖ ਦਰਿੱਦ੍ਰ ਦੂਰ ਕਰ ਲੈਂਦੇ ਹਨ ॥੩॥

43843	1025	ਓਇ ਜਾਗਤ ਰਹਹਿ ਨ ਸੂਤੇ ਦੀਸਹਿ॥		Oue Jaagath Rehehi N Soothae Dheesehi ||	They remain awake and aware, and do not appear to sleep.	ਉਹ (ਸੰਤ ਜਨ ਮਾਇਆ ਦੇ ਹੱਲਿਆਂ ਵਲੋਂ ਸਦਾ) ਸੁਚੇਤ ਰਹਿੰਦੇ ਹਨ, ਉਹ ਗ਼ਫ਼ਲਤ ਦੀ ਨੀਂਦ ਵਿਚ ਕਦੇ ਭੀ ਸੁੱਤੇ ਨਹੀਂ ਦਿੱਸਦੇ।
43844	1025	ਸੰਗਤਿ ਕੁਲ ਤਾਰੇ ਸਾਚੁ ਪਰੀਸਹਿ॥		Sangath Kul Thaarae Saach Pareesehi ||	They serve up Truth, and so save their companions and relatives.	ਉਹਨਾਂ ਦੀ ਸੰਗਤ ਅਨੇਕਾਂ ਕੁਲਾਂ ਤਾਰ ਦੇਂਦੀ ਹੈ ਕਿਉਂਕਿ ਉਹ ਸਭ ਨੂੰ ਸਦਾ-ਥਿਰ ਪ੍ਰਭੂ ਦਾ ਨਾਮ ਵੰਡਦੇ ਹਨ।
43845	1025	ਕਲਿਮਲ ਮੈਲੁ ਨਾਹੀ ਤੇ ਨਿਰਮਲ ਓਇ ਰਹਹਿ ਭਗਤਿ ਲਿਵ ਲਾਈ ਹੇ॥੪॥		Kalimal Mail Naahee Thae Niramal Oue Rehehi Bhagath Liv Laaee Hae ||4||	They are not stained with the filth of sins; they are immaculate and pure, and remain absorbed in loving devotional worship. ||4||	(ਉਹਨਾਂ ਦੇ ਅੰਦਰ) ਪਾਪਾਂ ਦੀ ਮੈਲ (ਰਤਾ ਭੀ) ਨਹੀਂ ਹੁੰਦੀ, ਉਹ ਪਵਿੱਤ੍ਰ ਜੀਵਨ ਵਾਲੇ ਹੁੰਦੇ ਹਨ, ਉਹ ਪ੍ਰਭੂ ਦੀ ਭਗਤੀ ਵਿਚ ਰੁੱਝੇ ਰਹਿੰਦੇ ਹਨ, ਪ੍ਰਭੂ ਦੇ ਚਰਨਾਂ ਵਿਚ ਸੁਰਤ ਜੋੜੀ ਰੱਖਦੇ ਹਨ ॥੪॥
43846	1025	ਬੂਝਹੁ ਹਰਿ ਜਨ ਸਤਿਗੁਰ ਬਾਣੀ॥		Boojhahu Har Jan Sathigur Baanee ||	O humble servants of the Lord, understand the Word of the Guru's Bani.	ਹੇ ਪ੍ਰਾਣੀਹੋ! ਹਰੀ-ਜਨਾਂ ਦੀ ਸੰਗਤ ਵਿਚ ਰਹਿ ਕੇ ਸਤਿਗੁਰੂ ਦੀ ਬਾਣੀ ਵਿਚ ਜੁੜ ਕੇ (ਇਹ ਪੱਕੀ ਗੱਲ) ਸਮਝ ਲਵੋ,
43847	1025	ਏਹੁ ਜੋਬਨੁ ਸਾਸੁ ਹੈ ਦੇਹ ਪੁਰਾਣੀ॥		Eaehu Joban Saas Hai Dhaeh Puraanee ||	This youth, breath and body shall pass away.	ਕਿ ਇਹ ਜੁਆਨੀ ਇਹ ਸੁਆਸ ਇਹ ਸਰੀਰ ਸਭ ਪੁਰਾਣੇ ਹੋ ਜਾਣ ਵਾਲੇ ਹਨ।

43848	1025	ਆਜੁ ਕਾਲਿ ਮਰਿ ਜਾਈਐ ਪ੍ਰਾਣੀ ਹਰਿ ਜਪੁ ਜਪਿ ਰਿਦੈ ਧਿਆਈ ਹੇ॥੫॥		Aaj Kaal Mar Jaaeeai Praanee Har Jap Jap Ridhai Dhhiaaee Hae ||5||	O mortal, you shall die today or tomorrow; chant, and meditate on the Lord within your heart. ||5||	ਹੇ ਪ੍ਰਾਣੀ! (ਜੇਹੜਾ ਭੀ ਜੰਮਿਆ ਹੈ ਉਸ ਨੇ) ਥੋੜੇ ਹੀ ਸਮੇ ਵਿਚ ਮੌਤ ਦੇ ਵੱਸ ਆ ਜਾਣਾ ਹੈ, (ਇਸ ਵਾਸਤੇ) ਪਰਮਾਤਮਾ ਦਾ ਨਾਮ ਜਪੋ ਤੇ ਹਿਰਦੇ ਵਿਚ ਉਸ ਦਾ ਧਿਆਨ ਧਰੋ ॥੫॥
43849	1025	ਛੋਡਹੁ ਪ੍ਰਾਣੀ ਕੂੜ ਕਬਾੜਾ॥		Shhoddahu Praanee Koorr Kabaarraa ||	O mortal, abandon falsehood and your worthless ways.	ਹੇ ਪ੍ਰਾਣੀ! ਨਿਰੇ ਮਾਇਆ ਦੇ ਮੋਹ ਦੀਆਂ ਗੱਲਾਂ ਛੱਡੋ।
43850	1025	ਕੂੜੁ ਮਾਰੇ ਕਾਲੁ ਉਛਾਹਾੜਾ॥	(ਉੱਛਾਹਾੜਾ) ਉਤਸ਼ਾਹ ਨਾਲ ਉਛੱਲ ਕੇ	Koorr Maarae Kaal Oushhaahaarraa ||	Death viciously kills the false beings.	ਜਿਸ ਮਨੁੱਖ ਦੇ ਅੰਦਰ ਨਿਰਾ ਮਾਇਆ ਦਾ ਮੋਹ ਹੀ ਹੈ ਉਸ ਨੂੰ ਆਤਮਕ ਮੌਤ ਪਹੁੰਚ ਪਹੁੰਚ ਕੇ ਮਾਰਦੀ ਹੈ।
43851	1025	ਸਾਕਤ ਕੂੜਿ ਪਚਹਿ ਮਨਿ ਹਉਮੈ ਦੁਹੁ ਮਾਰਗਿ ਪਚੈ ਪਚਾਈ ਹੇ॥੬॥		Saakath Koorr Pachehi Man Houmai Dhuhu Maarag Pachai Pachaaee Hae ||6||	The faithless cynic is ruined through falsehood and his egotistical mind.On the path of duality, he rots away and decomposes. ||6||	ਮਾਇਆ-ਵੇੜ੍ਹੇ ਜੀਵ ਮਾਇਆ ਦੇ ਮੋਹ ਵਿਚ ਖ਼ੁਆਰ ਹੁੰਦੇ ਹਨ। ਜਿਸ ਮਨੁੱਖ ਦੇ ਮਨ ਵਿਚ ਹਉਮੈ ਹੈ ਉਹ ਮੇਰ-ਤੇਰ ਦੇ ਰਸਤੇ ਪੈ ਕੇ ਖ਼ੁਆਰ ਹੁੰਦਾ ਹੈ, ਹਉਮੈ ਉਸ ਨੂੰ ਖ਼ੁਆਰ ਕਰਦੀ ਹੈ ॥੬॥
43852	1026	ਛੋਡਿਹੁ ਨਿੰਦਾ ਤਾਤਿ ਪਰਾਈ॥		Shhoddihu Nindhaa Thaath Paraaee ||	Abandon slander and envy of others.	ਪਰਾਈ ਈਰਖਾ ਤੇ ਪਰਾਈ ਨਿੰਦਿਆ ਛੱਡ ਦਿਉ।

43853	1026	ਪੜਿ ਪੜਿ ਦਝਹਿ ਸਾਤਿ ਨ ਆਈ॥	ਪੜਿ ਪੜਿ ਦੱਝਹਿ ਸਾਂਤਿ	Parr Parr Dhajhehi Saath N Aaee ||	Reading and studying, they burn, and do not find tranquility.	(ਜੇਹੜੇ ਨਿੰਦਿਆ ਤੇ ਈਰਖਾ ਕਰਦੇ ਹਨ ਉਹ ਨਿੰਦਿਆ ਤੇ ਈਰਖਾ ਦੀ ਸੜਨ ਵਿਚ) ਪੈ ਪੈ ਕੇ ਸੜਦੇ ਹਨ (ਉਹਨਾਂ ਨੂੰ ਆਪਣੇ ਆਪ ਨੂੰ ਭੀ) ਆਤਮਕ ਸ਼ਾਂਤੀ ਨਹੀਂ ਮਿਲਦੀ।
43854	1026	ਮਿਲਿ ਸਤਸੰਗਤਿ ਨਾਮੁ ਸਲਾਹਹੁ ਆਤਮ ਰਾਮੁ ਸਖਾਈ ਹੇ॥੭॥		Mil Sathasangath Naam Salaahahu Aatham Raam Sakhaaee Hae ||7||	Joining the Sat Sangat, the True Congregation, praise the Naam, the Name of the Lord. The Lord, the Supreme Soul, shall be your helper and companion. ||7||	ਸਤ ਸੰਗਤ ਵਿਚ ਮਿਲ ਕੇ ਪ੍ਰਭੂ ਦੇ ਨਾਮ ਦੀ ਸਿਫ਼ਤ-ਸਾਲਾਹ ਕਰੋ (ਜੇਹੜੇ ਬੰਦੇ ਸਿਫ਼ਤ-ਸਾਲਾਹ ਕਰਦੇ ਹਨ) ਪਰਮਾਤਮਾ ਉਹਨਾਂ ਦਾ (ਸਦਾ ਦਾ) ਸਾਥੀ ਬਣ ਜਾਂਦਾ ਹੈ ॥੭॥
43855	1026	ਛੋਡਹੁ ਕਾਮ ਕ੍ਰੋਧੁ ਬੁਰਿਆਈ॥		Shhoddahu Kaam Krodhh Buriaaee ||	Abandon sexual desire, anger and wickedness.	ਕਾਮ ਕ੍ਰੋਧ ਆਦਿਕ ਮੰਦ ਕਰਮ ਤਿਆਗੋ,
43856	1026	ਹਉਮੈ ਧੰਧੁ ਛੋਡਹੁ ਲੰਪਟਾਈ॥		Houmai Dhhandhh Shhoddahu Lanpattaaee ||	Abandon your involvement in egotistical affairs and conflicts.	ਹਉਮੈ ਦੀ ਉਲਝਣ ਛੱਡੋ, (ਵਿਕਾਰਾਂ ਵਿਚ) ਖਚਿਤ ਹੋਣ ਤੋਂ ਬਚੋ।

43857	1026	ਸਤਿਗੁਰ ਸਰਣਿ ਪਰਹੁ ਤਾ ਉਬਰਹੁ ਇਉ ਤਰੀਐ ਭਵਜਲੁ ਭਾਈ ਹੇ॥੮॥		Sathigur Saran Parahu Thaa Oubarahu Eio Thareeai Bhavajal Bhaaee Hae ||8||	If you seek the Sanctuary of the True Guru, then you shall be saved. In this way you shall cross over the terrifying world-ocean, O Siblings of Destiny. ||8||	(ਪਰ ਇਹਨਾਂ ਵਿਕਾਰਾਂ ਤੋਂ) ਤਦੋਂ ਹੀ ਬਚ ਸਕੋਗੇ ਜੇ ਸਤਿਗੁਰੂ ਦਾ ਆਸਰਾ ਲਵੋਗੇ। ਇਸੇ ਤਰ੍ਹਾਂ ਹੀ (ਭਾਵ, ਗੁਰੂ ਦੀ ਸਰਨ ਪਿਆਂ ਹੀ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ ॥੮॥
43858	1026	ਆਗੈ ਬਿਮਲ ਨਦੀ ਅਗਨਿ ਬਿਖੁ ਝੇਲਾ॥	ਬਿਮਲ: ਪੋਲਾ ਬੋਲੋ	Aagai Bimal Nadhee Agan Bikh Jhaelaa ||	In the hereafter, you shall have to cross over the fiery river of poisonous flames.	ਨਿੰਦਾ ਤਾਤਿ ਪਰਾਈ ਕਾਮ ਕ੍ਰੋਧ ਬੁਰਿਆਈ ਵਾਲੇ ਜੀਵਨ ਵਿਚ ਪਿਆਂ ਨਿਰੋਲ ਅੱਗ ਦੀ ਨਦੀ ਵਿਚੋਂ ਦੀ ਜੀਵਨ-ਪੰਧ ਬਣ ਜਾਂਦਾ ਹੈ ਜਿਥੇ ਉਹ ਲਾਟਾਂ ਨਿਕਲਦੀਆਂ ਹਨ ਜੋ ਆਤਮਕ ਜੀਵਨ ਨੂੰ ਮਾਰ ਮੁਕਾਂਦੀਆਂ ਹਨ।
43859	1026	ਤਿਥੈ ਅਵਰੁ ਨ ਕੋਈ ਜੀਉ ਇਕੇਲਾ॥		Thithhai Avar N Koee Jeeo Eikaelaa ||	No one else will be there; your soul shall be all alone.	ਉਸ ਆਤਮਕ ਬਿਪਤਾ ਵਿਚ ਕੋਈ ਹੋਰ ਸਾਥੀ ਨਹੀਂ ਬਣਦਾ, ਇਕੱਲੀ ਆਪਣੀ ਜਿੰਦ ਹੀ ਦੁੱਖ ਸਹਾਰਦੀ ਹੈ।

43860	1026	ਭੜ ਭੜ ਅਗਨਿ ਸਾਗਰੁ ਦੇ ਲਹਰੀ ਪੜਿ ਦਝਹਿ ਮਨਮੁਖ ਤਾਈ ਹੇ॥੯॥	(ਭੜ) ਭੜਾਕੇ ਹੀ ਭੜਭੜਾਕੇ ਮਾਰ ਕੇ। ਤਿਸ ਚ (ਪੜਿ) ਪੈ ਕੇ।ਪੜਿ: ਤਾੜੇ ਹਲੰਤ ਨ ਲਾਉ।ਦੱਝਹਿ	Bharr Bharr Agan Saagar Dhae Leharee Parr Dhajhehi Manamukh Thaaee Hae ||9||	The ocean of fire spits out waves of searing flames; the self-willed manmukhs fall into it, and are roasted there. ||9||	ਨਿੰਦਿਆ ਈਰਖਾ ਕਾਮ ਕ੍ਰੋਧ ਆਦਿਕ ਦੀ) ਅੱਗ ਦਾ ਸਮੁੰਦਰ ਇਤਨਾ ਭਾਂਬੜ ਬਾਲਦਾ ਹੈ ਤੇ ਇਤਨੀਆਂ ਲਾਟਾਂ ਛੱਡਦਾ ਹੈ ਕਿ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਉਸ ਵਿਚ ਪੈ ਕੇ ਸੜਦੇ ਹਨ (ਆਤਮਕ ਜੀਵਨ ਤਬਾਹ ਕਰ ਲੈਂਦੇ ਹਨ ਤੇ ਦੁਖੀ ਹੁੰਦੇ ਹਨ) ॥੯॥
43861	1026	ਗੁਰ ਪਹਿ ਮੁਕਤਿ ਦਾਨੁ ਦੇ ਭਾਣੈ॥		Gur Pehi Mukath Dhaan Dhae Bhaanai ||	Liberation comes from the Guru; He grants this blessing by the Pleasure of His Will.	(ਇਸ ਅੱਗ ਦੇ ਸਮੁੰਦਰ ਤੋਂ) ਖ਼ਲਾਸੀ (ਦਾ ਵਸੀਲਾ) ਗੁਰੂ ਦੇ ਪਾਸ ਹੀ ਹੈ, ਗੁਰੂ ਆਪਣੀ ਰਜ਼ਾ ਵਿਚ (ਪਰਮਾਤਮਾ ਦੇ ਨਾਮ ਦੀ) ਖੈਰ ਪਾਂਦਾ ਹੈ।
43862	1026	ਜਿਨਿ ਪਾਇਆ ਸੋਈ ਬਿਧਿ ਜਾਣੈ॥		Jin Paaeiaa Soee Bidhh Jaanai ||	He alone knows the way, who obtains it.	ਜਿਸ ਨੇ ਇਹ ਖੈਰ ਪ੍ਰਾਪਤ ਕੀਤੀ ਉਹ (ਇਸ ਸਮੁੰਦਰ ਵਿਚੋਂ ਬਚ ਨਿਕਲਣ ਦਾ) ਭੇਤ ਸਮਝ ਲੈਂਦਾ ਹੈ।
43863	1026	ਜਿਨ ਪਾਇਆ ਤਿਨ ਪੂਛਹੁ ਭਾਈ ਸੁਖੁ ਸਤਿਗੁਰ ਸੇਵ ਕਮਾਈ ਹੇ॥੧੦॥		Jin Paaeiaa Thin Pooshhahu Bhaaee Sukh Sathigur Saev Kamaaee Hae ||10||	So ask one who has obtained it, O Siblings of Destiny. Serve the True Guru, and find peace. ||10||	ਜਿਨ੍ਹਾਂ ਨੂੰ ਗੁਰੂ ਤੋਂ ਨਾਮ-ਦਾਨ ਮਿਲਦਾ ਹੈ, ਉਹਨਾਂ ਤੋਂ ਪੁੱਛ ਕੇ ਵੇਖ ਲਵੋ (ਉਹ ਦੱਸਦੇ ਹਨ ਕਿ) ਸਤਿਗੁਰੂ ਦੀ ਦੱਸੀ ਸੇਵਾ ਕੀਤਿਆਂ ਆਤਮਕ ਆਨੰਦ ਮਿਲਦਾ ਹੈ ॥੧੦॥
43864	1026	ਗੁਰ ਬਿਨੁ ਉਰਝਿ ਮਰਹਿ ਬੇਕਾਰਾ॥		Gur Bin Ourajh Marehi Baekaaraa ||	Without the Guru, he dies entangled in sin and corruption.	ਗੁਰੂ ਦੀ ਸਰਨ ਪੈਣ ਤੋਂ ਬਿਨਾ ਜੀਵ ਵਿਕਾਰਾਂ ਵਿਚ ਫਸ ਕੇ ਆਤਮਕ ਮੌਤ ਸਹੇੜ ਲੈਂਦੇ ਹਨ।

43865	1026	ਜਮੁ ਸਿਰਿ ਮਾਰੇ ਕਰੇ ਖੁਆਰਾ॥		Jam Sir Maarae Karae Khuaaraa ||	The Messenger of Death smashes his head and humiliates him.	(ਆਤਮਕ) ਮੌਤ (ਉਹਨਾਂ ਦੇ) ਸਿਰ ਉਤੇ (ਮੁੜ ਮੁੜ) ਚੋਟ ਮਾਰਦੀ ਹੈ ਤੇ (ਉਹਨਾਂ ਨੂੰ) ਖ਼ੁਆਰ ਕਰਦੀ (ਰਹਿੰਦੀ ਹੈ)।
43866	1026	ਬਾਧੇ ਮੁਕਤਿ ਨਾਹੀ ਨਰ ਨਿੰਦਕ ਡੂਬਹਿ ਨਿੰਦ ਪਰਾਈ ਹੇ॥੧੧॥	ਬੱਾਧੇ	Baadhhae Mukath Naahee Nar Nindhak Ddoobehi Nindh Paraaee Hae ||11||	The slanderous person is not freed of his bonds; he is drowned, slandering others. ||11||	(ਨਿੰਦਿਆ ਦੀ ਫਾਹੀ ਵਿਚ) ਬੱਝੇ ਹੋਏ ਨਿੰਦਕ ਬੰਦਿਆਂ ਨੂੰ (ਨਿੰਦਿਆ ਦੀ ਵਾਦੀ ਵਿਚੋਂ) ਖ਼ਲਾਸੀ ਨਸੀਬ ਨਹੀਂ ਹੁੰਦੀ, ਪਰਾਈ ਨਿੰਦਿਆ (ਦੇ ਸਮੁੰਦਰ ਵਿਚ) ਸਦਾ ਗੋਤੇ ਖਾਂਦੇ ਰਹਿੰਦੇ ਹਨ ॥੧੧॥
43867	1026	ਬੋਲਹੁ ਸਾਚੁ ਪਛਾਣਹੁ ਅੰਦਰਿ ॥		Bolahu Saach Pashhaanahu Andhar ||	So speak the Truth, and realize the Lord deep within.	ਸਦਾ-ਥਿਰ ਪ੍ਰਭੂ ਦਾ ਨਾਮ ਜਪੋ, ਉਸ ਨੂੰ ਆਪਣੇ ਅੰਦਰ ਵੱਸਦਾ ਪ੍ਰਤੀਤ ਕਰੋ।
43868	1026	ਦੂਰਿ ਨਾਹੀ ਦੇਖਹੁ ਕਰਿ ਨੰਦਰਿ॥		Dhoor Naahee Dhaekhahu Kar Nandhar ||	He is not far away; look, and see Him.	ਧਿਆਨ ਲਾ ਕੇ ਵੇਖੋ, ਉਹ ਤੁਹਾਥੋਂ ਦੂਰ ਨਹੀਂ ਹੈ।
43869	1026	ਬਿਘਨੁ ਨਾਹੀ ਗੁਰਮੁਖਿ ਤਰੁ ਤਾਰੀ ਇਉ ਭਵਜਲੁ ਪਾਰਿ ਲੰਘਾਈ ਹੇ॥੧੨॥		Bighan Naahee Guramukh Thar Thaaree Eio Bhavajal Paar Langhaaee Hae ||12||	No obstacles shall block your way; become Gurmukh, and cross over to the other side. This is the way to cross over the terrifying world-ocean. ||12||	ਗੁਰੂ ਦੀ ਸਰਨ ਪੈ ਕੇ (ਨਾਮ ਜਪੋ, ਨਾਮ ਸਿਮਰਨ ਦੀ) ਤਾਰੀ ਤਰੋ (ਜੀਵਨ-ਸਫ਼ਰ ਵਿਚ ਕੋਈ) ਰੁਕਾਵਟ ਨਹੀਂ ਆਵੇਗੀ। ਗੁਰੂ ਇਸ ਤਰ੍ਹਾਂ (ਭਾਵ, ਨਾਮ ਜਪਾ ਕੇ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ॥੧੨॥
43870	1026	ਦੇਹੀ ਅੰਦਰਿ ਨਾਮੁ ਨਿਵਾਸੀ॥		Dhaehee Andhar Naam Nivaasee ||	The Naam, the Name of the Lord, abides deep within the body.	ਪਰਮਾਤਮਾ ਦਾ ਨਾਮ ਹਰੇਕ ਜੀਵ ਦੇ ਸਰੀਰ ਦੇ ਅੰਦਰ ਨਿਵਾਸ ਰੱਖਦਾ ਹੈ,

43871	1026	ਆਪੇ ਕਰਤਾ ਹੈ ਅਬਿਨਾਸੀ॥		Aapae Karathaa Hai Abinaasee ||	The Creator Lord is eternal and imperishable.	ਅਬਿਨਾਸ਼ੀ ਕਰਤਾਰ ਆਪ ਹੀ (ਹਰੇਕ ਦੇ ਅੰਦਰ ਮੌਜੂਦ) ਹੈ।
43872	1026	ਨਾ ਜੀਉ ਮਰੈ ਨ ਮਾਰਿਆ ਜਾਈ ਕਰਿ ਦੇਖੈ ਸਬਦਿ ਰਜਾਈ ਹੇ॥੧੩॥		Naa Jeeo Marai N Maariaa Jaaee Kar Dhaekhai Sabadh Rajaaee Hae ||13||	The soul does not die, and it cannot be killed; God creates and watches over all. Through the Word of the Shabad, His Will is manifest. ||13||	(ਜੀਵ ਉਸ ਪਰਮਾਤਮਾ ਦੀ ਹੀ ਅੰਸ ਹੈ, ਇਸ ਵਾਸਤੇ) ਜੀਵਾਤਮਾ ਨਾਹ ਮਰਦਾ ਹੈ, ਨਾਹ ਇਸ ਨੂੰ ਕੋਈ ਮਾਰ ਸਕਦਾ ਹੈ। ਰਜ਼ਾ ਦਾ ਮਾਲਕ ਕਰਤਾਰ (ਜੀਵ) ਪੈਦਾ ਕਰ ਕੇ ਆਪਣੇ ਹੁਕਮ ਵਿਚ (ਸਭ ਦੀ) ਸੰਭਾਲ ਕਰਦਾ ਹੈ ॥੧੩॥
43873	1026	ਓਹੁ ਨਿਰਮਲੁ ਹੈ ਨਾਹੀ ਅੰਧਿਆਰਾ॥		Ouhu Niramal Hai Naahee Andhhiaaraa ||	He is immaculate, and has no darkness.	ਉਹ ਪਰਮਾਤਮਾ ਸੁੱਧ-ਸਰੂਪ ਹੈ, ਉਸ ਵਿਚ (ਮਾਇਆ ਦੇ ਮੋਹ ਆਦਿਕ ਦਾ) ਰਤਾ ਭੀ ਹਨੇਰਾ ਨਹੀਂ ਹੈ।
43874	1026	ਓਹੁ ਆਪੇ ਤਖਤਿ ਬਹੈ ਸਚਿਆਰਾ॥		Ouhu Aapae Thakhath Behai Sachiaaraa ||	The True Lord Himself sits upon His throne.	ਉਹ ਸੱਚ-ਸਰੂਪ ਪ੍ਰਭੂ ਆਪ ਹੀ (ਹਰੇਕ ਦੇ) ਹਿਰਦੇ ਤਖ਼ਤ ਉਤੇ ਬੈਠਾ ਹੋਇਆ ਹੈ।
43875	1026	ਸਾਕਤ ਕੂੜੇ ਬੰਧਿ ਭਵਾਈਅਹਿ ਮਰਿ ਜਨਮਹਿ ਆਈ ਜਾਈ ਹੇ॥੧੪॥	ਭਵਾਈ-ਅਹਿ	Saakath Koorae Bandhh Bhavaaeeahi Mar Janamehi Aaee Jaaee Hae ||14||	The faithless cynics are bound and gagged, and forced to wander in reincarnation. They die, and are reborn, and continue coming and going. ||14||	ਪਰ ਮਾਇਆ-ਵੇੜ੍ਹੇ ਜੀਵ ਮਾਇਆ ਦੇ ਮੋਹ ਵਿਚ ਬੱਝ ਕੇ ਭਟਕਣਾ ਵਿਚ ਪਏ ਹੋਏ ਹਨ, ਮਰਦੇ ਹਨ ਜੰਮਦੇ ਹਨ, ਉਹਨਾਂ ਦਾ ਇਹ ਆਵਾਗਵਨ ਦਾ ਗੇੜ ਬਣਿਆ ਰਹਿੰਦਾ ਹੈ ॥੧੪॥

43876	1026	ਗੁਰ ਕੇ ਸੇਵਕ ਸਤਿਗੁਰ ਪਿਆਰੇ॥		Gur Kae Saevak Sathigur Piaarae ||	The Guru's servants are the Beloveds of the True Guru.	ਗੁਰੂ ਨਾਲ ਪਿਆਰ ਕਰਨ ਵਾਲੇ ਗੁਰੂ ਦੇ ਸੇਵਕ (ਮਾਇਆ-ਮੋਹ ਤੋਂ ਨਿਰਲੇਪ ਰਹਿ ਕੇ)
43877	1026	ਓਇ ਬੈਸਹਿ ਤਖਤਿ ਸੁ ਸਬਦੁ ਵੀਚਾਰੇ॥		Oue Baisehi Thakhath S Sabadh Veechaarae ||	Contemplating the Shabad, they sit upon His throne.	ਹਿਰਦੇ-ਤਖ਼ਤ ਉਤੇ ਬੈਠੇ ਰਹਿੰਦੇ ਹਨ, ਗੁਰੂ ਦੇ ਸ਼ਬਦ ਨੂੰ ਆਪਣੀ ਸੋਚ ਦੇ ਮੰਡਲ ਵਿਚ ਟਿਕਾਂਦੇ ਹਨ।
43878	1026	ਤਤੁ ਲਹਹਿ ਅੰਤਰਗਤਿ ਜਾਣਹਿ ਸਤਸੰਗਤਿ ਸਾਚੁ ਵਡਾਈ ਹੇ॥੧੫॥		Thath Lehehi Antharagath Jaanehi Sathasangath Saach Vaddaaee Hae ||15||	They realize the essence of reality, and know the state of their inner being. This is the true glorious greatness of those who join the Sat Sangat. ||15||	ਉਹ ਜਗਤ ਦੇ ਮੂਲ ਪ੍ਰਭੂ ਨੂੰ ਲੱਭ ਲੈਂਦੇ ਹਨ, ਆਪਣੇ ਅੰਦਰ ਵੱਸਦਾ ਪਛਾਣ ਲੈਂਦੇ ਹਨ, ਸਾਧ ਸੰਗਤ ਵਿਚ ਟਿਕ ਕੇ ਸਦਾ-ਥਿਰ ਪ੍ਰਭੂ ਨੂੰ ਸਿਮਰਦੇ ਹਨ, ਤੇ ਆਦਰ ਪਾਂਦੇ ਹਨ ॥੧੫॥
43879	1026	ਆਪਿ ਤਰੈ ਜਨੁ ਪਿਤਰਾ ਤਾਰੇ॥		Aap Tharai Jan Pitharaa Thaarae ||	He Himself saves His humble servant, and saves his ancestors as well.	(ਜੇਹੜਾ ਮਨੁੱਖ ਨਾਮ ਸਿਮਰਦਾ ਹੈ) ਉਹ ਆਪ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ, ਆਪਣੇ ਪਿਤਰਾਂ ਨੂੰ (ਪਿਉ ਦਾਦਾ ਆਦਿਕ ਬਜ਼ੁਰਗਾਂ ਨੂੰ) ਭੀ ਪਾਰ ਲੰਘਾ ਲੈਂਦਾ ਹੈ।
43880	1026	ਸੰਗਤਿ ਮੁਕਤਿ ਸੁ ਪਾਰਿ ਉਤਾਰੇ॥		Sangath Mukath S Paar Outhaarae ||	His companions are liberated; He carries them across.	ਉਸ ਦੀ ਸੰਗਤ ਵਿਚ ਆਉਣ ਵਾਲਿਆਂ ਨੂੰ ਭੀ ਮਾਇਆ ਦੇ ਬੰਧਨਾਂ ਤੋਂ ਸੁਤੰਤ੍ਰਤਾ ਮਿਲ ਜਾਂਦੀ ਹੈ। ਉਹ ਸੇਵਕ ਉਹਨਾਂ ਨੂੰ ਪਾਰ ਲੰਘਾ ਦੇਂਦਾ ਹੈ।

43881	1026	ਨਾਨਕੁ ਤਿਸ ਕਾ ਲਾਲਾ ਗੋਲਾ ਜਿਨਿ ਗੁਰਮੁਖਿ ਹਰਿ ਲਿਵ ਲਾਈ ਹੇ॥੧੬॥੬॥		Naanak This Kaa Laalaa Golaa Jin Guramukh Har Liv Laaee Hae ||16||6||	Nanak is the servant and slave of that Gurmukh who lovingly focuses his consciousness on the Lord. ||16||6||	ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਚਰਨਾਂ ਵਿਚ ਸੁਰਤ ਜੋੜੀ ਹੈ ਨਾਨਕ (ਭੀ) ਉਸ (ਵਡ-ਭਾਗੀ) ਦਾ ਸੇਵਕ ਹੈ ਗ਼ੁਲਾਮ ਹੈ ॥੧੬॥੬॥
43882	1026	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
43883	1026	ਕੇਤੇ ਜੁਗ ਵਰਤੇ ਗੁਬਾਰੈ॥		Kaethae Jug Varathae Gubaarai ||	For many ages, only darkness prevailed;	ਅਨੇਕਾਂ ਹੀ ਜੁਗ ਘੁੱਪ ਹਨੇਰੇ ਵਿਚ ਲੰਘ ਗਏ (ਭਾਵ, ਸ੍ਰਿਸ਼ਟੀ-ਰਚਨਾ ਤੋਂ ਪਹਿਲਾਂ ਬੇਅੰਤ ਸਮਾ ਅਜੇਹੀ ਹਾਲਤ ਸੀ ਜਿਸ ਬਾਰੇ ਕੁਝ ਭੀ ਸਮਝ ਨਹੀਂ ਆ ਸਕਦੀ)।
43884	1026	ਤਾੜੀ ਲਾਈ ਅਪਰ ਅਪਾਰੈ॥		Thaarree Laaee Apar Apaarai ||	The infinite, endless Lord was absorbed in the primal void.	ਤਦੋਂ ਅਪਰ ਅਪਾਰ ਪਰਮਾਤਮਾ ਨੇ (ਆਪਣੇ ਆਪ ਵਿਚ) ਸਮਾਧੀ ਲਾਈ ਹੋਈ ਸੀ।
43885	1026	ਧੁੰਧੂਕਾਰਿ ਨਿਰਾਲਮੁ ਬੈਠਾ ਨਾ ਤਦਿ ਧੰਧੁ ਪਸਾਰਾ ਹੇ॥੧॥		Dhhundhhookaar Niraalam Baithaa Naa Thadh Dhhandhh Pasaaraa Hae ||1||	He sat alone and unaffected in absolute darkness; the world of conflict did not exist. ||1||	ਉਸ ਘੁੱਪ ਹਨੇਰੇ ਵਿਚ ਪ੍ਰਭੂ ਆਪ ਨਿਰਲੇਪ ਬੈਠਾ ਹੋਇਆ ਸੀ, ਤਦੋਂ ਨਾਹ ਜਗਤ ਦਾ ਖਿਲਾਰਾ ਸੀ ਤੇ ਨਾਹ ਮਾਇਆ ਵਾਲੀ ਦੌੜ-ਭੱਜ ਸੀ ॥੧॥
43886	1026	ਜੁਗ ਛਤੀਹ ਤਿਨੈ ਵਰਤਾਏ॥		Jug Shhatheeh Thinai Varathaaeae ||	Thirty-six ages passed like this.	(ਘੁੱਪ ਹਨੇਰੇ ਦੇ) ਛੱਤੀ ਜੁਗ ਉਸ ਪਰਮਾਤਮਾ ਨੇ ਹੀ ਵਰਤਾਈ ਰੱਖੇ,

43887	1026	ਜਿਉ ਤਿਸੁ ਭਾਣਾ ਤਿਵੈ ਚਲਾਏ॥		Jio This Bhaanaa Thivai Chalaaeae ||	He causes all to happen by the Pleasure of His Will.	ਜਿਵੇਂ ਉਸ ਨੂੰ ਚੰਗਾ ਲੱਗਾ ਉਸੇ ਤਰ੍ਹਾਂ (ਉਸ ਘੁੱਪ ਹਨੇਰੇ ਵਾਲੀ ਕਾਰ ਹੀ) ਚਲਾਂਦਾ ਰਿਹਾ।
43888	1026	ਤਿਸਹਿ ਸਰੀਕੁ ਨ ਦੀਸੈ ਕੋਈ ਆਪੇ ਅਪਰ ਅਪਾਰਾ ਹੇ॥੨॥		Thisehi Sareek N Dheesai Koee Aapae Apar Apaaraa Hae ||2||	No rival of His can be seen. He Himself is infinite and endless. ||2||	ਉਹ ਪਰਮਾਤਮਾ ਆਪ ਹੀ ਆਪ ਹੈ, ਉਸ ਤੋਂ ਪਰੇ ਹੋਰ ਕੋਈ ਹਸਤੀ ਨਹੀਂ, ਉਸ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ, ਕੋਈ ਭੀ ਉਸ ਦੇ ਬਰਾਬਰ ਦਾ ਨਹੀਂ ਦਿੱਸਦਾ ॥੨॥
43889	1026	ਗੁਪਤੇ ਬੂਝਹੁ ਜੁਗ ਚਤੁਆਰੇ॥	(ਚਤੁਆਰੇ) ਚਾਰੇ। ਜੁੱਗ	Gupathae Boojhahu Jug Chathuaarae ||	God is hidden throughout the four ages - understand this well.	(ਹੁਣ ਜਦੋਂ ਉਸ ਨੇ ਜਗਤ-ਰਚਨਾ ਰਚ ਲਈ ਹੈ, ਤਾਂ ਭੀ, ਉਸੇ ਨੂੰ) ਚੌਹਾਂ ਜੁਗਾਂ ਵਿਚ (ਜਗਤ ਦੇ ਅੰਦਰ) ਗੁਪਤ ਵਿਆਪਕ ਜਾਣੋ।
43890	1026	ਘਟਿ ਘਟਿ ਵਰਤੈ ਉਦਰ ਮਝਾਰੇ॥		Ghatt Ghatt Varathai Oudhar Majhaarae ||	He pervades each and every heart, and is contained within the belly.	ਉਹ ਹਰੇਕ ਸਰੀਰ ਦੇ ਅੰਦਰ ਹਰੇਕ ਦੇ ਹਿਰਦੇ ਵਿਚ ਮੌਜੂਦ ਹੈ।
43891	1026	ਜੁਗੁ ਜੁਗੁ ਏਕਾ ਏਕੀ ਵਰਤੈ ਕੋਈ ਬੂਝੈ ਗੁਰ ਵੀਚਾਰਾ ਹੇ॥੩॥		Jug Jug Eaekaa Eaekee Varathai Koee Boojhai Gur Veechaaraa Hae ||3||	The One and Only Lord prevails throughout the ages. How rare are those who contemplate the Guru, and understand this. ||3||	ਉਹ ਇਕੱਲਾ ਆਪ ਹੀ ਹਰੇਕ ਜੁਗ ਵਿਚ (ਸਾਰੀ ਸ੍ਰਿਸ਼ਟੀ ਦੇ ਅੰਦਰ) ਰਮ ਰਿਹਾ ਹੈ-ਇਸ ਭੇਤ ਨੂੰ ਕੋਈ ਉਹ ਵਿਰਲਾ ਬੰਦਾ ਸਮਝਦਾ ਹੈ ਜੋ ਗੁਰੂ (ਦੀ ਬਾਣੀ) ਦੀ ਵਿਚਾਰ ਕਰਦਾ ਹੈ ॥੩॥

43892	1026	ਬਿੰਦੁ ਰਕਤੁ ਮਿਲਿ ਪਿੰਡੁ ਸਰੀਆ॥		Bindh Rakath Mil Pindd Sareeaa ||	From the union of the sperm and the egg, the body was formed.	(ਉਸ ਪਰਮਾਤਮਾ ਦੇ ਹੁਕਮ ਵਿਚ ਹੀ) ਪਿਤਾ ਦੇ ਵੀਰਜ ਦੀ ਬੂੰਦ ਤੇ ਮਾਂ ਦੇ ਪੇਟ ਦੇ ਲਹੂ ਨੇ ਮਿਲ ਕੇ (ਮਨੁੱਖਾ) ਸਰੀਰ ਬਣਾ ਦਿੱਤਾ।
43893	1026	ਪਉਣੁ ਪਾਣੀ ਅਗਨੀ ਮਿਲਿ ਜੀਆ॥		Poun Paanee Aganee Mil Jeeaa ||	From the union of air, water and fire, the living being is made.	ਹਵਾ ਪਾਣੀ ਅੱਗ (ਆਦਿਕ ਤੱਤਾਂ ਨੇ ਮਿਲ ਕੇ ਜੀਵ ਰਚ ਦਿੱਤੇ।
43894	1026	ਆਪੇ ਚੋਜ ਕਰੇ ਰੰਗ ਮਹਲੀ ਹੋਰ ਮਾਇਆ ਮੋਹ ਪਸਾਰਾ ਹੇ॥੪॥		Aapae Choj Karae Rang Mehalee Hor Maaeiaa Moh Pasaaraa Hae ||4||	He Himself plays joyfully in the mansion of the body; all the rest is just attachment to Maya's expanse. ||4||	ਹਰੇਕ ਸਰੀਰ ਵਿਚ ਬੈਠਾ ਪਰਮਾਤਮਾ ਆਪ ਹੀ ਸਭ ਚੋਜ ਤਮਾਸ਼ੇ ਕਰ ਰਿਹਾ ਹੈ, ਉਸ ਨੇ ਆਪ ਹੀ ਮਾਇਆ ਦੇ ਮੋਹ ਦਾ ਖਿਲਾਰਾ ਖਿਲਾਰਿਆ ਹੈ ॥੪॥
43895	1026	ਗਰਭ ਕੁੰਡਲ ਮਹਿ ਉਰਧ ਧਿਆਨੀ॥		Garabh Kunddal Mehi Ouradhh Dhhiaanee ||	Within the mother's womb, upside-down, the mortal meditated on God.	(ਉਸ ਪ੍ਰਭੂ ਦੇ ਹੁਕਮ ਅਨੁਸਾਰ ਹੀ) ਜੀਵ ਮਾਂ ਦੇ ਪੇਟ ਵਿਚ ਪੁੱਠਾ (ਲਟਕ ਕੇ) ਪ੍ਰਭੂ-ਚਰਨਾਂ ਵਿਚ ਸੁਰਤ ਜੋੜੀ ਰੱਖਦਾ ਹੈ।
43896	1026	ਆਪੇ ਜਾਣੈ ਅੰਤਰਜਾਮੀ॥		Aapae Jaanai Antharajaamee ||	The Inner-knower, the Searcher of hearts, knows everything.	ਪ੍ਰਭੂ ਅੰਤਰਜਾਮੀ ਆਪ ਹੀ (ਜੀਵ ਦੇ ਦਿਲ ਦੀ) ਜਾਣਦਾ ਹੈ।

43897	1026	ਸਾਸਿ ਸਾਸਿ ਸਚੁ ਨਾਮੁ ਸਮਾਲੇ ਅੰਤਰਿ ਉਦਰ ਮਝਾਰਾ ਹੇ॥੫॥		Saas Saas Sach Naam Samaalae Anthar Oudhar Majhaaraa Hae ||5||	With each and every breath, he contemplated the True Name, deep within himself, within the womb. ||5||	ਜੀਵ ਮਾਂ ਦੇ ਪੇਟ ਦੇ ਅੰਦਰ ਸੁਆਸ ਸੁਆਸ ਸਦਾ-ਥਿਰ ਪਰਮਾਤਮਾ ਦਾ ਨਾਮ ਚੇਤੇ ਕਰਦਾ ਰਹਿੰਦਾ ਹੈ ॥੫॥
43898	1027	ਚਾਰਿ ਪਦਾਰਥ ਲੈ ਜਗਿ ਆਇਆ॥		Chaar Padhaarathh Lai Jag Aaeiaa ||	He came into the world to obtain the four great blessings.	(ਪਰਮਾਤਮਾ ਪਾਸੋਂ) ਚਾਰ ਪਦਾਰਥ ਲੈ ਕੇ ਜੀਵ ਜਗਤ ਵਿਚ ਆਇਆ ਹੈ,
43899	1027	ਸਿਵ ਸਕਤੀ ਘਰਿ ਵਾਸਾ ਪਾਇਆ॥		Siv Sakathee Ghar Vaasaa Paaeiaa ||	He came to dwell in the home of the Shiva and Shakti, energy and matter.	(ਪਰ ਇਥੇ ਆ ਕੇ) ਪ੍ਰਭੂ ਦੀ ਰਚੀ ਮਾਇਆ ਦੇ ਘਰ ਵਿਚ ਟਿਕਾਣਾ ਬਣਾ ਬੈਠਾ ਹੈ।
43900	1027	ਏਕੁ ਵਿਸਾਰੇ ਤਾ ਪਿੜ ਹਾਰੇ ਅੰਧੁਲੈ ਨਾਮੁ ਵਿਸਾਰਾ ਹੇ॥੬॥		Eaek Visaarae Thaa Pirr Haarae Andhhulai Naam Visaaraa Hae ||6||	But he forgot the One Lord, and he has lost the game. The blind person forgets the Naam, the Name of the Lord. ||6||	(ਭਾਵ, ਮਾਇਆ ਦੇ ਮੋਹ ਵਿਚ ਫਸ ਜਾਂਦਾ ਹੈ, ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਜੀਵ ਨੇ ਪ੍ਰਭੂ ਦਾ ਨਾਮ ਭੁਲਾ ਦਿੱਤਾ ਹੈ। ਜੇਹੜਾ ਜੀਵ ਨਾਮ ਭੁਲਾਂਦਾ ਹੈ ਉਹ ਮਨੁੱਖਾ ਜਨਮ ਦੀ ਬਾਜ਼ੀ ਹਾਰ ਜਾਂਦਾ ਹੈ ॥੬॥
43901	1027	ਬਾਲਕੁ ਮਰੈ ਬਾਲਕ ਕੀ ਲੀਲਾ॥		Baalak Marai Baalak Kee Leelaa ||	The child dies in his childish games.	(ਵੇਖੋ ਮਾਇਆ ਦੇ ਮੋਹ ਦਾ ਪ੍ਰਭਾਵ! ਜਦੋਂ ਕਿਸੇ ਘਰ ਵਿਚ ਕੋਈ) ਬਾਲਕ ਮਰਦਾ ਹੈ,

43902	1027	ਕਹਿ ਕਹਿ ਰੋਵਹਿ ਬਾਲੁ ਰੰਗੀਲਾ॥		Kehi Kehi Rovehi Baal Rangeelaa ||	They cry and mourn, saying that he was such a playful child.	ਤਾਂ (ਮਾਂ ਪਿਉ ਭੈਣ ਭਰਾ ਆਦਿਕ ਸੰਬੰਧੀ) ਉਸ ਬਾਲਕ ਦੀਆਂ ਪਿਆਰ-ਭਰੀਆਂ ਖੇਡਾਂ ਚੇਤੇ ਕਰਦੇ ਹਨ, ਤੇ ਇਹ ਆਖ ਆਖ ਕੇ ਰੋਂਦੇ ਹਨ ਕਿ ਬਾਲਕ ਬੜਾ ਹਸ-ਮੁਖਾ ਸੀ।
43903	1027	ਜਿਸ ਕਾ ਸਾ ਸੋ ਤਿਨ ਹੀ ਲੀਆ ਭੂਲਾ ਰੋਵਣਹਾਰਾ ਹੇ॥੭॥		Jis Kaa Saa So Thin Hee Leeaa Bhoolaa Rovanehaaraa Hae ||7||	The Lord who owns him has taken him back. Those who weep and mourn are mistaken. ||7||	ਜਿਸ ਪ੍ਰਭੂ ਦਾ ਭੇਜਿਆ ਹੋਇਆ ਉਹ ਬਾਲਕ ਸੀ ਉਸ ਨੇ ਉਹ ਵਾਪਸ ਲੈ ਲਿਆ (ਉਸ ਨੂੰ ਯਾਦ ਕਰ ਕਰ ਕੇ) ਰੋਣ ਵਾਲਾ (ਮਾਇਆ ਦੇ ਮੋਹ ਵਿਚ ਫਸ ਕੇ ਜੀਵਨ-ਰਾਹ ਤੋਂ) ਖੁੰਝ ਜਾਂਦਾ ਹੈ ॥੭॥
43904	1027	ਭਰਿ ਜੋਬਨਿ ਮਰਿ ਜਾਹਿ ਕਿ ਕੀਜੈ॥		Bhar Joban Mar Jaahi K Keejai ||	What can they do, if he dies in his youth?	ਜਦੋਂ ਕੋਈ ਭਰ-ਜਵਾਨੀ ਵੇਲੇ ਮਰ ਜਾਂਦੇ ਹਨ ਤਦੋਂ ਭੀ ਕੀਹ ਕੀਤਾ ਜਾ ਸਕਦਾ ਹੈ?
43905	1027	ਮੇਰਾ ਮੇਰਾ ਕਰਿ ਰੋਵੀਜੈ॥		Maeraa Maeraa Kar Roveejai ||	They cry out, ""His is mine, he is mine!""	ਇਹ ਆਖ ਆਖ ਕੇ ਰੋਵੀਦਾ ਹੀ ਹੈ ਕਿ ਉਹ ਮੇਰਾ (ਪਿਆਰਾ) ਸੀ ਮੇਰਾ (ਪਿਆਰਾ) ਸੀ।
43906	1027	ਮਾਇਆ ਕਾਰਣਿ ਰੋਇ ਵਿਗੂਚਹਿ ਧ੍ਰਿਗੁ ਜੀਵਣੁ ਸੰਸਾਰਾ ਹੇ॥੮॥		Maaeiaa Kaaran Roe Vigoochehi Dhhrig Jeevan Sansaaraa Hae ||8||	They cry for the sake of Maya, and are ruined; their lives in this world are cursed. ||8||	(ਜੇਹੜੇ ਰੋਂਦੇ ਭੀ ਹਨ ਉਹ ਭੀ ਆਪਣੀਆਂ ਥੁੜਾਂ ਚੇਤੇ ਕਰ ਕਰ ਕੇ) ਮਾਇਆ ਦੀ ਖ਼ਾਤਰ ਰੋ ਰੋ ਕੇ ਦੁਖੀ ਹੁੰਦੇ ਹਨ। ਜਗਤ ਵਿਚ ਅਜੇਹਾ ਜੀਵਨ ਫਿਟਕਾਰ-ਜੋਗ ਹੋ ਜਾਂਦਾ ਹੈ ॥੮॥

43907	1027	ਕਾਲੀ ਹੂ ਫੁਨਿ ਧਉਲੇ ਆਏ॥		Kaalee Hoo Fun Dhhoulae Aaeae ||	Their black hair eventually turns grey.	(ਜਵਾਨੀ ਲੰਘ ਜਾਂਦੀ ਹੈ) ਕਾਲੇ ਕੇਸਾਂ ਤੋਂ ਫਿਰ ਧੌਲੇ ਆ ਜਾਂਦੇ ਹਨ।
43908	1027	ਵਿਣੁ ਨਾਵੈ ਗਥੁ ਗਇਆ ਗਵਾਏ॥	ਗਥੁ: ਪੋਲਾ ਬੋਲੋ। ਗ–ਇਆ	Vin Naavai Gathh Gaeiaa Gavaaeae ||	Without the Name, they lose their wealth, and then leave.	(ਇਸ ਉਮਰ ਤਕ ਭੀ) ਪ੍ਰਭੂ ਦੇ ਨਾਮ ਤੋਂ ਖੁੰਝਿਆ ਰਹਿ ਕੇ ਮਨੁੱਖ ਆਪਣਾ ਆਤਮਕ ਜੀਵਨ ਦਾ ਸਰਮਾਇਆ ਗਵਾਈ ਜਾਂਦਾ ਹੈ।
43909	1027	ਦੁਰਮਤਿ ਅੰਧੁਲਾ ਬਿਨਸਿ ਬਿਨਾਸੈ ਮੂਠੇ ਰੋਇ ਪੂਕਾਰਾ ਹੇ॥੯॥		Dhuramath Andhhulaa Binas Binaasai Moothae Roe Pookaaraa Hae ||9||	They are evil-minded and blind - they are totally ruined; they are plundered, and cry out in pain. ||9||	ਭੈੜੀ ਮੱਤੇ ਲੱਗ ਕੇ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਜੀਵ ਆਤਮਕ ਮੌਤ ਸਹੇੜ ਕੇ ਆਤਮਕ ਮੌਤੇ ਮਰਦਾ ਰਹਿੰਦਾ ਹੈ। ਮਾਇਆ ਦਾ ਠੱਗਿਆ ਹੋਇਆ ਮਾਇਆ ਦੀ ਖ਼ਾਤਰ ਹੀ ਰੋ ਰੋ ਕੇ ਪੁਕਾਰਦਾ ਹੈ (ਉਸ ਉਮਰ ਤਕ ਭੀ ਮਾਇਆ ਦੇ ਰੋਣੇ ਰੋਂਦਾ ਰਹਿੰਦਾ ਹੈ) ॥੯॥
43910	1027	ਆਪੁ ਵੀਚਾਰਿ ਨ ਰੋਵੈ ਕੋਈ॥		Aap Veechaar N Rovai Koee ||	One who understands himself, does not cry.	ਜੇਹੜਾ ਕੋਈ ਮਨੁੱਖ ਆਪਣੇ ਆਪ ਨੂੰ ਵਿਚਾਰਦਾ ਹੈ (ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ) ਉਹ ਪਛੁਤਾਂਦਾ ਨਹੀਂ ਹੈ।
43911	1027	ਸਤਿਗੁਰੁ ਮਿਲੈ ਤ ਸੋਝੀ ਹੋਈ॥		Sathigur Milai Th Sojhee Hoee ||	When he meets the True Guru, then he understands.	ਪਰ ਇਹ ਸੋਝੀ ਕਿਸੇ ਨੂੰ ਤਦੋਂ ਹੀ ਹੁੰਦੀ ਹੈ ਜਦੋਂ ਉਸ ਨੂੰ ਗੁਰੂ ਮਿਲ ਪਏ।

43912	1027	ਬਿਨੁ ਗੁਰ ਬਜਰ ਕਪਾਟ ਨ ਖੂਲਹਿ ਸਬਦਿ ਮਿਲੈ ਨਿਸਤਾਰਾ ਹੇ॥੧੦॥		Bin Gur Bajar Kapaatt N Khoolehi Sabadh Milai Nisathaaraa Hae ||10||	Without the Guru, the heavy, hard doors are not opened. Obtaining the Word of the Shabad, one is emancipated. ||10||	(ਮਾਇਆ ਦੇ ਮੋਹ ਦੇ ਕਾਰਨ ਮਨੁੱਖ ਦੀ ਅਕਲ ਤੇ ਪੜਦਾ ਪਿਆ ਰਹਿੰਦਾ ਹੈ; ਅਕਲ, ਮਾਨੋ, ਕਰੜੇ ਕਵਾੜਾਂ ਵਿਚ ਬੰਦ ਰਹਿੰਦੀ ਹੈ) ਗੁਰੂ ਤੋਂ ਬਿਨਾ (ਉਹ) ਕਰੜੇ ਕਵਾੜ ਖੁਲ੍ਹਦੇ ਨਹੀਂ ਹਨ। ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ ਉਹ (ਇਸ ਕੈਦ ਵਿਚੋਂ) ਖ਼ਲਾਸੀ ਹਾਸਲ ਕਰ ਲੈਂਦਾ ਹੈ ॥੧੦॥
43913	1027	ਬਿਰਧਿ ਭਇਆ ਤਨੁ ਛੀਜੈ ਦੇਹੀ॥		Biradhh Bhaeiaa Than Shheejai Dhaehee ||	The body grows old, and is beaten out of shape.	ਮਨੁੱਖ ਬੁੱਢਾ ਹੋ ਜਾਂਦਾ ਹੈ, (ਉਸ ਦਾ) ਸਰੀਰ ਭੀ ਕਮਜ਼ੋਰ ਹੋ ਜਾਂਦਾ ਹੈ,
43914	1027	ਰਾਮੁ ਨ ਜਪਈ ਅੰਤਿ ਸਨੇਹੀ॥		Raam N Japee Anth Sanaehee ||	But he does not meditate on the Lord, His only friend, even at the end.	(ਪਰ ਮਾਇਆ ਦਾ ਮੋਹ ਇਤਨਾ ਪ੍ਰਬਲ ਹੈ ਕਿ ਅਜੇ ਭੀ) ਪਰਮਾਤਮਾ ਦਾ ਨਾਮ ਨਹੀਂ ਸਿਮਰਦਾ ਜੋ (ਸਭ ਸਾਕਾਂ ਅੰਗਾਂ ਦੇ ਸਾਥ ਛੱਡ ਜਾਣ ਤੇ ਭੀ) ਅੰਤ ਨੂੰ ਪਿਆਰਾ ਸਾਥੀ ਬਣਦਾ ਹੈ।
43915	1027	ਨਾਮੁ ਵਿਸਾਰਿ ਚਲੈ ਮੁਹਿ ਕਾਲੈ ਦਰਗਹ ਝੂਠੁ ਖੁਆਰਾ ਹੇ॥੧੧॥		Naam Visaar Chalai Muhi Kaalai Dharageh Jhooth Khuaaraa Hae ||11||	Forgetting the Naam, the Name of the Lord, he departs with his face blackened. The false are humiliated in the Court of the Lord. ||11||	ਪਰਮਾਤਮਾ ਦਾ ਨਾਮ ਭੁਲਾ ਕੇ ਮਨੁੱਖ ਬਦਨਾਮੀ ਦਾ ਟਿੱਕਾ ਮੱਥੇ ਉਤੇ ਲਾ ਕੇ ਇਥੋਂ ਤੁਰ ਪੈਂਦਾ ਹੈ, ਪੱਲੇ ਝੂਠ ਹੀ ਹੈ (ਪੱਲੇ ਮਾਇਆ ਦਾ ਮੋਹ ਹੀ ਹੈ, ਇਸ ਵਾਸਤੇ) ਪ੍ਰਭੂ ਦੀ ਹਜ਼ੂਰੀ ਵਿਚ ਖ਼ੁਆਰ ਹੀ ਹੁੰਦਾ ਹੈ ॥੧੧॥

43916	1027	ਨਾਮੁ ਵਿਸਾਰਿ ਚਲੈ ਕੂੜਿਆਰੋ॥		Naam Visaar Chalai Koorriaaro ||	Forgetting the Naam, the false ones depart.	(ਸਾਰੀ ਉਮਰ) ਕੂੜ ਦਾ ਵਣਜ ਕਰਨ ਵਾਲਾ ਬੰਦਾ ਪਰਮਾਤਮਾ ਦਾ ਨਾਮ ਭੁਲਾ ਕੇ (ਇਥੋਂ ਆਤਮਕ ਗੁਣਾਂ ਵਲੋਂ ਖ਼ਾਲੀ-ਹੱਥ) ਤੁਰ ਪੈਂਦਾ ਹੈ।
43917	1027	ਆਵਤ ਜਾਤ ਪੜੈ ਸਿਰਿ ਛਾਰੋ॥	ਪੜੈ: ਪੋਲਾ ਬੋਲੋ	Aavath Jaath Parrai Sir Shhaaro ||	Coming and going, dust falls on their heads.	ਜਨਮ ਮਰਨ ਦੇ ਗੇੜ ਵਿਚ ਪਏ ਦੇ ਸਿਰ ਉਤੇ ਸੁਆਹ ਪੈਂਦੀ ਹੈ (ਫਿਟਕਾਰ ਪੈਂਦੀ ਹੈ)।
43918	1027	ਸਾਹੁਰੜੈ ਘਰਿ ਵਾਸੁ ਨ ਪਾਏ ਪੇਈਅੜੈ ਸਿਰਿ ਮਾਰਾ ਹੇ॥੧੨॥		Saahurarrai Ghar Vaas N Paaeae Paeeearrai Sir Maaraa Hae ||12||	The soul-bride finds no home in her in-laws' home, the world hereafter; she suffers in agony in this world of her parents' home. ||12||	(ਇਥੋਂ ਗਏ ਨੂੰ) ਪਰਮਾਤਮਾ ਦੇ ਦਰ ਤੇ ਢੋਈ ਨਹੀਂ ਮਿਲਦੀ, (ਜਿਤਨਾ ਚਿਰ) ਜਗਤ ਵਿਚ (ਰਿਹਾ ਇਥੇ) ਭੀ ਸਿਰ ਉਤੇ ਸੱਟਾਂ ਹੀ ਖਾਂਦਾ ਰਿਹਾ ॥੧੨॥
43919	1027	ਖਾਜੈ ਪੈਝੈ ਰਲੀ ਕਰੀਜੈ॥		Khaajai Paijhai Ralee Kareejai ||	She eats, dresses and plays joyfully,	(ਚੰਗਾ) ਖਾਈਦਾ ਹੈ, (ਚੰਗਾ) ਪਹਿਨੀਦਾ ਹੈ, (ਦੁਨੀਆ ਦੀ) ਮੌਜ ਮਾਣੀਦੀ ਹੈ।
43920	1027	ਬਿਨੁ ਅਭ ਭਗਤੀ ਬਾਦਿ ਮਰੀਜੈ॥		Bin Abh Bhagathee Baadh Mareejai ||	But without loving devotional worship of the Lord, she dies uselessly.	(ਇਹਨਾਂ ਹੀ ਰੁਝੇਵਿਆਂ ਵਿਚ) ਹਿਰਦਾ ਪਰਮਾਤਮਾ ਦੀ ਭਗਤੀ ਤੋਂ ਸੁੰਞਾ ਰਹਿਣ ਕਰਕੇ ਵਿਅਰਥ ਹੀ ਆਤਮਕ ਮੌਤ ਸਹੇੜ ਲਈਦੀ ਹੈ।

43921	1027	ਸਰ ਅਪਸਰ ਕੀ ਸਾਰ ਨ ਜਾਣੈ ਜਮੁ ਮਾਰੇ ਕਿਆ ਚਾਰਾ ਹੇ॥੧੩॥	ਅਪ-ਸਰ	Sar Apasar Kee Saar N Jaanai Jam Maarae Kiaa Chaaraa Hae ||13||	One who does not distinguish between good and evil, is beaten by the Messenger of Death; how can anyone escape this? ||13||	ਜੇਹੜਾ ਬੰਦਾ (ਇਸ ਤਰ੍ਹਾਂ ਅੰਨ੍ਹਾ ਹੋ ਕੇ) ਚੰਗੇ ਮੰਦੇ ਸਮੇ ਦੀ ਸੂਝ ਨਹੀਂ ਜਾਣਦਾ, ਉਸ ਨੂੰ ਜਮ ਖ਼ੁਆਰ ਕਰਦਾ ਹੈ, ਤੇ ਉਸ ਦੀ ਕੋਈ ਪੇਸ਼ ਨਹੀਂ ਜਾਂਦੀ ॥੧੩॥
43922	1027	ਪਰਵਿਰਤੀ ਨਰਵਿਰਤਿ ਪਛਾਣੈ॥		Paravirathee Naravirath Pashhaanai ||	One who realizes what he has to possess, and what he has to abandon,	ਜੇਹੜਾ ਮਨੁੱਖ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਦੁਨੀਆ ਤੋਂ ਉਪਰਾਮ ਰਹਿਣਾ ਜਾਣਦਾ ਹੈ,
43923	1027	ਗੁਰ ਕੈ ਸੰਗਿ ਸਬਦਿ ਘਰੁ ਜਾਣੈ॥		Gur Kai Sang Sabadh Ghar Jaanai ||	Associating with the Guru, comes to know the Word of the Shabad, within the home of his own self.	ਜੇਹੜਾ ਗੁਰੂ ਦੀ ਸੰਗਤ ਵਿਚ ਰਹਿ ਕੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਨਾਲ ਮਿਲਾਪ-ਅਵਸਥਾ ਨਾਲ ਸਾਂਝ ਪਾਈ ਰੱਖਦਾ ਹੈ,
43924	1027	ਕਿਸ ਹੀ ਮੰਦਾ ਆਖਿ ਨ ਚਲੈ ਸਚਿ ਖਰਾ ਸਚਿਆਰਾ ਹੇ॥੧੪॥		Kis Hee Mandhaa Aakh N Chalai Sach Kharaa Sachiaaraa Hae ||14||	Do not call anyone else bad; follow this way of life. Those who are true are judged to be genuine by the True Lord. ||14||	ਜੀਵਨ-ਸਫ਼ਰ ਵਿਚ ਕਿਸੇ ਨੂੰ ਮੰਦਾ ਨਹੀਂ ਆਖੀਦਾ, ਸਦਾ-ਥਿਰ ਪ੍ਰਭੂ ਵਿਚ ਟਿਕਿਆ ਰਹਿੰਦਾ ਹੈ ਉਹ ਸੱਚ ਦਾ ਵਪਾਰੀ ਬੰਦਾ (ਪ੍ਰਭੂ ਦੀ ਹਜ਼ੂਰੀ ਵਿਚ) ਖਰਾ (ਸਿੱਕਾ ਮੰਨਿਆ ਜਾਂਦਾ) ਹੈ ॥੧੪॥
43925	1027	ਸਾਚ ਬਿਨਾ ਦਰਿ ਸਿਝੈ ਨ ਕੋਈ॥		Saach Binaa Dhar Sijhai N Koee ||	Without Truth, no one succeeds in the Court of the Lord.	ਸਦਾ-ਥਿਰ ਪ੍ਰਭੂ ਦੇ ਨਾਮ ਤੋਂ ਬਿਨਾ ਕੋਈ ਮਨੁੱਖ (ਪ੍ਰਭੂ ਦੇ) ਦਰ ਤੇ (ਜ਼ਿੰਦਗੀ ਦੀ ਪੜਤਾਲ ਵਿਚ) ਕਾਮਯਾਬ ਨਹੀਂ ਹੁੰਦਾ।

43926	1027	ਸਾਚ ਸਬਦਿ ਪੈਝੈ ਪਤਿ ਹੋਈ॥		Saach Sabadh Paijhai Path Hoee ||	Through the True Shabad, one is robed in honor.	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਵਿਚ ਜੁੜਿਆਂ ਸਰੋਪਾ ਮਿਲਦਾ ਹੈ ਇੱਜ਼ਤ ਮਿਲਦੀ ਹੈ।
43927	1027	ਆਪੇ ਬਖਸਿ ਲਏ ਤਿਸੁ ਭਾਵੈ ਹਉਮੈ ਗਰਬੁ ਨਿਵਾਰਾ ਹੇ॥੧੫॥		Aapae Bakhas Leae This Bhaavai Houmai Garab Nivaaraa Hae ||15||	He forgives those with whom He is pleased; they silence their egotism and pride. ||15||	(ਪਰ ਜੀਵਾਂ ਦੇ ਕੀਹ ਵੱਸ?) ਜਿਸ ਉਤੇ ਪ੍ਰਭੂ ਆਪ ਹੀ ਬਖ਼ਸ਼ਸ਼ ਕਰਦਾ ਹੈ, ਉਹ ਉਸ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ ਤੇ ਉਹ ਹਉਮੈ ਅਹੰਕਾਰ (ਆਪਣੇ ਅੰਦਰੋਂ) ਦੂਰ ਕਰਦਾ ਹੈ ॥੧੫॥
43928	1027	ਗੁਰ ਕਿਰਪਾ ਤੇ ਹੁਕਮੁ ਪਛਾਣੈ॥		Gur Kirapaa Thae Hukam Pashhaanai ||	One who realizes the Hukam of God's Command, by the Grace of the Guru,	ਗੁਰੂ ਦੀ ਮੇਹਰ ਨਾਲ ਹੀ ਮਨੁੱਖ ਪਰਮਾਤਮਾ ਦੇ ਹੁਕਮ ਨੂੰ ਪਛਾਣਦਾ ਹੈ,
43929	1027	ਜੁਗਹ ਜੁਗੰਤਰ ਕੀ ਬਿਧਿ ਜਾਣੈ॥		Jugeh Juganthar Kee Bidhh Jaanai ||	Comes to know the lifestyle of the ages.	ਤੇ ਜੁਗਾਂ ਜੁਗਾਂਤਰਾਂ ਤੋਂ ਚਲੀ ਆ ਰਹੀ ਉਸ ਵਿਧੀ ਨਾਲ ਸਾਂਝ ਪਾਂਦਾ ਹੈ (ਜਿਸ ਦੀ ਰਾਹੀਂ ਸੰਸਾਰ-ਸਮੁੰਦਰ ਤੋਂ ਸਹੀ-ਸਲਾਮਤ ਪਾਰ ਲੰਘ ਸਕੀਦਾ ਹੈ। ਉਹ ਵਿਧੀ ਹੈ ਪਰਮਾਤਮਾ ਦਾ ਨਾਮ ਸਿਮਰਨਾ)।

43930	1027	ਨਾਨਕ ਨਾਮੁ ਜਪਹੁ ਤਰੁ ਤਾਰੀ ਸਚੁ ਤਾਰੇ ਤਾਰਣਹਾਰਾ ਹੇ॥੧੬॥੧॥੭॥		Naanak Naam Japahu Thar Thaaree Sach Thaarae Thaaranehaaraa Hae ||16||1||7||	O Nanak, chant the Naam, and cross over to the other side. The True Lord will carry you across. ||16||1||7||	ਹੇ ਨਾਨਕ! (ਆਖ ਕਿ ਪਰਮਾਤਮਾ ਦਾ) ਨਾਮ ਜਪੋ (ਨਾਮ ਸਿਮਰਨ ਦੀ) ਤਾਰੀ ਤਰੋ, (ਇਸ ਤਰ੍ਹਾਂ) ਸਦਾ-ਥਿਰ ਪ੍ਰਭੂ ਤੇ ਤਾਰਣ ਦੇ ਸਮਰੱਥ ਪ੍ਰਭੂ (ਸੰਸਾਰ-ਸਮੁੰਦਰ ਵਿਚੋਂ) ਪਾਰ ਲੰਘਾ ਲੈਂਦਾ ਹੈ ॥੧੬॥੧॥੭॥
43931	1027	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
43932	1027	ਹਰਿ ਸਾ ਮੀਤੁ ਨਾਹੀ ਮੈ ਕੋਈ॥		Har Saa Meeth Naahee Mai Koee ||	I have no other friend like the Lord.	ਮੈਨੂੰ ਪਰਮਾਤਮਾ ਵਰਗਾ ਹੋਰ ਕੋਈ ਮਿੱਤਰ ਨਹੀਂ ਦਿੱਸਦਾ,
43933	1027	ਜਿਨਿ ਤਨੁ ਮਨੁ ਦੀਆ ਸੁਰਤਿ ਸਮੋਈ॥		Jin Than Man Dheeaa Surath Samoee ||	He gave me body and mind, and infused consciousness into my being.	(ਪਰਮਾਤਮਾ ਹੀ ਹੈ) ਜਿਸ ਨੇ ਮੈਨੂੰ ਇਹ ਸਰੀਰ ਦਿੱਤਾ ਇਹ (ਮਨ) ਜਿੰਦ ਦਿੱਤੀ ਤੇ ਮੇਰੇ ਅੰਦਰਿ ਸੁਰਤ ਟਿਕਾ ਦਿੱਤੀ।
43934	1027	ਸਰਬ ਜੀਆ ਪ੍ਰਤਿਪਾਲਿ ਸਮਾਲੇ ਸੋ ਅੰਤਰਿ ਦਾਨਾ ਬੀਨਾ ਹੇ॥੧॥		Sarab Jeeaa Prathipaal Samaalae So Anthar Dhaanaa Beenaa Hae ||1||	He cherishes and cares for all beings; He is deep within, the wise, all-knowing Lord. ||1||	(ਉਹ ਸਿਰਫ਼ ਪ੍ਰਭੂ ਹੀ ਹੈ ਜੋ) ਸਾਰੇ ਜੀਵਾਂ ਦੀ ਪਾਲਣਾ ਕਰ ਕੇ ਸਭ ਦੀ ਸੰਭਾਲ ਕਰਦਾ ਹੈ, ਉਹ ਸਭ ਜੀਵਾਂ ਦੇ ਅੰਦਰ ਮੌਜੂਦ ਹੈ, ਸਭ ਦੇ ਦਿਲ ਦੀ ਜਾਣਦਾ ਹੈ, ਸਭ ਦੇ ਕੀਤੇ ਕਰਮਾਂ ਨੂੰ ਵੇਖਦਾ ਹੈ ॥੧॥

43935	1027	ਗੁਰੁ ਸਰਵਰੁ ਹਮ ਹੰਸ ਪਿਆਰੇ॥		Gur Saravar Ham Hans Piaarae ||	The Guru is the sacred pool, and I am His beloved swan.	(ਪਰ ਉਹ ਮਿੱਤਰ-ਪ੍ਰਭੂ ਗੁਰੂ ਦੀ ਸਰਨ ਪਿਆਂ ਮਿਲਦਾ ਹੈ) ਗੁਰੂ ਸਰੋਵਰ ਹੈ, ਅਸੀਂ ਜੀਵ ਉਸ ਪਿਆਰੇ (ਸਰੋਵਰ) ਦੇ ਹੰਸ ਹਾਂ। (ਗੁਰੂ ਦੇ ਹੋ ਕੇ ਰਹਿਣ ਵਾਲੇ ਹੰਸਾਂ ਨੂੰ ਗੁਰੂ-ਮਾਨਸਰੋਵਰ ਵਿਚੋਂ ਮੋਤੀ ਮਿਲਦੇ ਹਨ)।
43936	1027	ਸਾਗਰ ਮਹਿ ਰਤਨ ਲਾਲ ਬਹੁ ਸਾਰੇ॥		Saagar Mehi Rathan Laal Bahu Saarae ||	In the ocean, there are so many jewels and rubies.	(ਗੁਰੂ ਸਮੁੰਦਰ ਹੈ) ਉਸ ਸਮੁੰਦਰ ਵਿਚ (ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ) ਰਤਨ ਹਨ, ਲਾਲ ਹਨ, ਮੋਤੀ ਮਾਣਕ ਹਨ, ਹੀਰੇ ਹਨ।
43937	1027	ਮੋਤੀ ਮਾਣਕ ਹੀਰਾ ਹਰਿ ਜਸੁ ਗਾਵਤ ਮਨੁ ਤਨੁ ਭੀਨਾ ਹੇ॥੨॥		Mothee Maanak Heeraa Har Jas Gaavath Man Than Bheenaa Hae ||2||	The Lord's Praises are pearls, gems and diamonds. Singing His Praises, my mind and body are drenched with His Love. ||2||	(ਗੁਰੂ-ਸਮੁੰਦਰ ਵਿਚ ਟਿਕ ਕੇ) ਪਰਮਾਤਮਾ ਦੇ ਗੁਣ ਗਾਵਿਆਂ ਮਨ (ਹਰੀ ਦੇ ਪ੍ਰੇਮ-ਰੰਗ ਵਿਚ) ਭਿੱਜ ਜਾਂਦਾ ਹੈ, ਸਰੀਰ (ਭੀ) ਭਿੱਜ ਜਾਂਦਾ ਹੈ ॥੨॥
43938	1027	ਹਰਿ ਅਗਮ ਅਗਾਹੁ ਅਗਾਧਿ ਨਿਰਾਲਾ॥		Har Agam Agaahu Agaadhh Niraalaa ||	The Lord is inaccessible, inscrutable, unfathomable and unattached.	(ਸਭ ਜੀਵਾਂ ਵਿਚ ਵਿਆਪਕ ਹੁੰਦਿਆਂ ਭੀ) ਪਰਮਾਤਮਾ ਜੀਵਾਂ ਦੀ ਪਹੁੰਚ ਤੋਂ ਪਰੇ ਹੈ, ਅਥਾਹ ਹੈ, ਉਸ ਦੇ ਗੁਣਾਂ (ਦੇ ਸਮੁੰਦਰ) ਦੀ ਹਾਥ ਨਹੀਂ ਲੱਭਦੀ, ਉਹ ਨਿਰਲੇਪ ਹੈ।

43939	1027	ਹਰਿ ਅੰਤੁ ਨ ਪਾਈਐ ਗੁਰ ਗੋਪਾਲਾ॥		Har Anth N Paaeeai Gur Gopaalaa ||	The Lord's limits cannot be found; the Guru is the Lord of the World.	ਸ੍ਰਿਸ਼ਟੀ ਦੇ ਰਾਖੇ, ਸਭ ਤੋਂ ਵੱਡੇ ਹਰੀ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ।
43940	1027	ਸਤਿਗੁਰ ਮਤਿ ਤਾਰੇ ਤਾਰਣਹਾਰਾ ਮੇਲਿ ਲਏ ਰੰਗਿ ਲੀਨਾ ਹੇ॥੩॥	(ਤਾਰਣਹਾਰਾ) ਸਤਿਗੁਰੂ ਸਾਹਿਬ ਜੀ ਦਾ ਸ੍ਰਬੱਤ ਦੇ ਭਲੇ ਦਾ ਮਤਿ ਸਭ ਨੂੰ ਤਾਰਣ ਵਾਲਾ ਹੈ	Sathigur Math Thaarae Thaaranehaaraa Mael Leae Rang Leenaa Hae ||3||	Through the Teachings of the True Guru, the Lord carries us across to the other side. He unites in His Union those who are colored by His Love. ||3||	ਸਭ ਜੀਵਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੇ ਸਮਰੱਥ ਪ੍ਰਭੂ ਸਤਿਗੁਰੂ ਦੀ ਮੱਤ ਦੇ ਕੇ ਪਾਰ ਲੰਘਾ ਲੈਂਦਾ ਹੈ। ਜਿਸ ਜੀਵ ਨੂੰ ਉਹ ਆਪਣੇ ਚਰਨਾਂ ਵਿਚ ਜੋੜਦਾ ਹੈ ਉਹ ਉਸ ਦੇ ਪ੍ਰੇਮ-ਰੰਗ ਵਿਚ ਲੀਨ ਹੋ ਜਾਂਦਾ ਹੈ ॥੩॥
43941	1027	ਸਤਿਗੁਰ ਬਾਝਹੁ ਮੁਕਤਿ ਕਿਨੇਹੀ॥		Sathigur Baajhahu Mukath Kinaehee ||	Without the True Guru, how can anyone be liberated?	ਗੁਰੂ ਨੂੰ ਮਿਲਣ ਤੋਂ ਬਿਨਾ (ਮਾਇਆ ਦੇ ਮੋਹ-ਸਮੁੰਦਰ ਤੋਂ) ਖ਼ਲਾਸੀ ਨਹੀਂ ਮਿਲਦੀ।
43942	1027	ਓਹੁ ਆਦਿ ਜੁਗਾਦੀ ਰਾਮ ਸਨੇਹੀ॥		Ouhu Aadh Jugaadhee Raam Sanaehee ||	He has been the Friend of the Lord, from the very beginning of time, and all throughout the ages.	ਉਹ ਪਰਮਾਤਮਾ (ਜੋ ਆਪ ਹੀ ਗੁਰੂ ਮਿਲਾਂਦਾ ਹੈ) ਸਾਰੇ ਜਗਤ ਦਾ ਮੂਲ ਹੈ, ਜੁਗਾਂ ਦੇ ਸ਼ੁਰੂ ਤੋਂ ਹੈ, ਸਭ ਵਿਚ ਵਿਆਪਕ ਤੇ ਸਭ ਨਾਲ ਪਿਆਰ ਕਰਨ ਵਾਲਾ ਹੈ।

43943	1027	ਦਰਗਹ ਮੁਕਤਿ ਕਰੇ ਕਰਿ ਕਿਰਪਾ ਬਖਸੇ ਅਵਗੁਣ ਕੀਨਾ ਹੇ॥੪॥		Dharageh Mukath Karae Kar Kirapaa Bakhasae Avagun Keenaa Hae ||4||	By His Grace, He grants liberation in His Court; He forgives them for their sins. ||4||	ਉਹ ਪਰਮਾਤਮਾ ਮੇਹਰ ਕਰ ਕੇ ਸਾਡੇ ਕੀਤੇ ਔਗੁਣਾਂ ਨੂੰ ਬਖ਼ਸ਼ਦਾ ਹੈ, ਸਾਨੂੰ ਔਗੁਣਾਂ ਤੋਂ ਖ਼ਲਾਸੀ ਦੇਂਦਾ ਹੈ ਤੇ ਆਪਣੀ ਹਜ਼ੂਰੀ ਵਿਚ ਰੱਖਦਾ ਹੈ ॥੪॥
43944	1028	ਸਤਿਗੁਰੁ ਦਾਤਾ ਮੁਕਤਿ ਕਰਾਏ॥		Sathigur Dhaathaa Mukath Karaaeae ||	The True Guru, the Giver, grants liberation;	(ਪਰਮਾਤਮਾ ਦੀ ਮੇਹਰ ਨਾਲ ਮਿਲਿਆ ਹੋਇਆ) ਸਤਿਗੁਰੂ ਆਤਮਕ ਜੀਵਨ ਦੇ ਗੁਣਾਂ ਦੀ ਦਾਤ ਕਰਦਾ ਹੈ, ਵਿਕਾਰਾਂ ਤੋਂ ਬਚਾਂਦਾ ਹੈ,
43945	1028	ਸਭਿ ਰੋਗ ਗਵਾਏ ਅੰਮ੍ਰਿਤ ਰਸੁ ਪਾਏ॥		Sabh Rog Gavaaeae Anmrith Ras Paaeae ||	All diseases are eradicated, and one is blessed with the Ambrosial Nectar.	ਸਾਡੇ ਹਿਰਦੇ ਵਿਚ ਨਾਮ-ਅੰਮ੍ਰਿਤ ਦਾ ਰਸ ਪਾ ਕੇ ਸਾਡੇ ਰੋਗ ਦੂਰ ਕਰਦਾ ਹੈ।

43946	1028	ਜਮੁ ਜਾਗਾਤਿ ਨਾਹੀ ਕਰੁ ਲਾਗੈ ਜਿਸੁ ਅਗਨਿ ਬੁਝੀ ਠਰੁ ਸੀਨਾ ਹੇ॥੫॥		Jam Jaagaath Naahee Kar Laagai Jis Agan Bujhee Thar Seenaa Hae ||5||	Death, the tax collector, does not impose any tax on one whose inner fire has been put out, whose heart is cool and tranquil. ||5||	(ਗੁਰੂ ਦੀ ਕਿਰਪਾ ਨਾਲ) ਜਿਸ ਮਨੁੱਖ ਦੀ ਤ੍ਰਿਸ਼ਨਾ-ਅੱਗ ਬੁੱਝ ਜਾਂਦੀ ਹੈ ਜਿਸ ਦੀ ਛਾਤੀ (ਨਾਮ ਦੀ ਠੰਢ ਨਾਲ) ਠੰਢੀ-ਠਾਰ ਹੋ ਜਾਂਦੀ ਹੈ, ਜਮ ਮਸੂਲੀਆ ਉਸ ਦੇ ਨੇੜੇ ਨਹੀਂ ਢੁਕਦਾ, ਉਸ ਨੂੰ (ਜਮ ਦਾ) ਮਸੂਲ ਨਹੀਂ ਦੇਣਾ ਪੈਂਦਾ (ਕਿਉਂਕਿ ਉਸ ਨੇ ਗੁਰੂ ਦੀ ਕਿਰਪਾ ਨਾਲ ਸਿਮਰਨ ਤੋਂ ਬਿਨਾ ਕੋਈ ਹੋਰ ਮਾਇਕ ਵੱਖਰ ਆਪਣੇ ਜੀਵਨ-ਬੇੜੇ ਵਿਚ ਲੱਦਿਆ ਹੀ ਨਹੀਂ) ॥੫॥
43947	1028	ਕਾਇਆ ਹੰਸ ਪ੍ਰੀਤਿ ਬਹੁ ਧਾਰੀ॥		Kaaeiaa Hans Preeth Bahu Dhhaaree ||	The body has developed a great love for the soul-swan.	???ਇਹ ਕਾਂਇਆਂ (ਮਾਨੋ) ਇਕ ਸੁੰਦਰ ਇਸਤ੍ਰੀ ਹੈ (ਪਰ ਜਗਤ ਵਿਚ ਆ ਕੇ) ਪੰਛੀ ਜੀਵਾਤਮਾ ਕਾਇਆ-ਨਾਰ ਨਾਲ ਬੜੀ ਪ੍ਰੀਤ ਬਣਾ ਲੈਂਦਾ ਹੈ।
43948	1028	ਓਹੁ ਜੋਗੀ ਪੁਰਖੁ ਓਹ ਸੁੰਦਰਿ ਨਾਰੀ॥		Ouhu Jogee Purakh Ouh Sundhar Naaree ||	He is a Yogi, and she is a beautiful woman.	ਇਹ ਜੀਵਾਤਮਾ (ਮਾਨੋ) ਇਕ ਜੋਗੀ ਹੈ (ਜੋ ਜੋਗੀ ਵਾਲੀ ਫੇਰੀ ਪਾ ਕੇ ਜਗਤ ਤੋਂ ਚਲਾ ਜਾਂਦਾ ਹੈ) ਇਹ ਕਾਂਇਆਂ (ਮਾਨੋ) ਇਕ ਸੁੰਦਰ ਇਸਤ੍ਰੀ ਹੈ (ਪਰ ਜਗਤ ਵਿਚ ਆ ਕੇ) ਪੰਛੀ ਜੀਵਾਤਮਾ ਕਾਇਆ-ਨਾਰ ਨਾਲ ਬੜੀ ਪ੍ਰੀਤ ਬਣਾ ਲੈਂਦਾ ਹੈ।

43949	1028	ਅਹਿ ਨਿਸਿ ਭੋਗੈ ਚੋਜ ਬਿਨੋਦੀ ਉਠਿ ਚਲਤੈ ਮਤਾ ਨ ਕੀਨਾ ਹੇ॥੬॥		Ahinis Bhogai Choj Binodhee Outh Chalathai Mathaa N Keenaa Hae ||6||	Day and night, he enjoys her with delight, and then he arises and departs without consulting her. ||6||	ਰੰਗ-ਰਲੀਆਂ ਵਿਚ ਮਸਤ ਜੋਗੀ-ਜੀਵਤਮਾ ਦਿਨ ਰਾਤ ਕਾਂਇਆਂ ਨੂੰ ਭੋਗਦਾ ਹੈ (ਦਰਗਾਹੋਂ ਸੱਦਾ ਆਉਣ ਤੇ) ਤੁਰਨ ਵੇਲੇ (ਜੋਗੀ-ਜੀਵ ਕਾਇਆ-ਨਾਰ ਨਾਲ) ਸਲਾਹ ਭੀ ਨਹੀਂ ਕਰਦਾ ॥੬॥
43950	1028	ਸ੍ਰਿਸਟਿ ਉਪਾਇ ਰਹੇ ਪ੍ਰਭ ਛਾਜੈ॥		Srisatt Oupaae Rehae Prabh Shhaajai ||	Creating the Universe, God remains diffused throughout it.	ਜਗਤ ਪੈਦਾ ਕਰ ਕੇ ਪ੍ਰਭੂ ਸਭ ਜੀਵਾਂ ਦੀ ਰੱਖਿਆ ਕਰਦਾ ਹੈ,
43951	1028	ਪਉਣੁ ਪਾਣੀ ਬੈਸੰਤਰੁ ਗਾਜੈ॥		Poun Paanee Baisanthar Gaajai ||	In the wind, water and fire, He vibrates and resounds.	ਹਵਾ ਪਾਣੀ ਅੱਗ (ਆਦਿਕ ਸਭ ਤੱਤਾਂ ਤੋਂ ਸਰੀਰ ਰਚ ਕੇ ਸਭ ਦੇ ਅੰਦਰ) ਪਰਗਟ ਰਹਿੰਦਾ ਹੈ,
43952	1028	ਮਨੂਆ ਡੋਲੈ ਦੂਤ ਸੰਗਤਿ ਮਿਲਿ ਸੋ ਪਾਏ ਜੋ ਕਿਛੁ ਕੀਨਾ ਹੇ॥੭॥		Manooaa Ddolai Dhooth Sangath Mil So Paaeae Jo Kishh Keenaa Hae ||7||	The mind wavers, keeping company with evil passions; one obtains the rewards of his own actions. ||7||	(ਪਰ ਉਸ ਰੱਖਣਹਾਰ ਪ੍ਰਭੂ ਨੂੰ ਭੁਲਾ ਕੇ) ਮੂਰਖ ਮਨ ਕਾਮਾਦਿਕ ਵੈਰੀਆਂ ਦੀ ਸੰਗਤ ਵਿਚ ਰਲ ਕੇ ਭਟਕਦਾ ਹੈ, ਤੇ ਆਪਣੇ ਕੀਤੇ ਦਾ ਫਲ ਪਾਂਦਾ ਰਹਿੰਦਾ ਹੈ ॥੭॥
43953	1028	ਨਾਮੁ ਵਿਸਾਰਿ ਦੋਖ ਦੁਖ ਸਹੀਐ॥		Naam Visaar Dhokh Dhukh Seheeai ||	Forgetting the Naam, one suffers the misery of his evil ways.	ਪਰਮਾਤਮਾ ਦਾ ਨਾਮ ਭੁਲਾ ਕੇ ਦੋਖਾਂ (ਵਿਕਾਰਾਂ) ਵਿਚ ਫਸ ਜਾਈਦਾ ਹੈ ਦੁੱਖ ਸਹਾਰਨੇ ਪੈਂਦੇ ਹਨ।
43954	1028	ਹੁਕਮੁ ਭਇਆ ਚਲਣਾ ਕਿਉ ਰਹੀਐ॥		Hukam Bhaeiaa Chalanaa Kio Reheeai ||	When the order to depart is issued, how can he remain here?	ਜਦੋਂ ਪ੍ਰਭੂ ਦਾ ਹੁਕਮ (ਸੱਦਾ) ਆਉਂਦਾ ਹੈ, ਇਥੋਂ ਤੁਰਨਾ ਪੈ ਜਾਂਦਾ ਹੈ, ਫਿਰ ਇਥੇ ਰਹਿ ਸਕੀਦਾ ਹੀ ਨਹੀਂ।

43955	1028	ਨਰਕ ਕੂਪ ਮਹਿ ਗੋਤੇ ਖਾਵੈ ਜਿਉ ਜਲ ਤੇ ਬਾਹਰਿ ਮੀਨਾ ਹੇ॥੮॥		Narak Koop Mehi Gothae Khaavai Jio Jal Thae Baahar Meenaa Hae ||8||	He falls into the pit of hell, and suffers like a fish out of water. ||8||	(ਪਰਮਾਤਮਾ ਦੀ ਯਾਦ ਤੋਂ ਖੁੰਝ ਕੇ ਸਾਰੀ ਉਮਰ) ਨਰਕਾਂ ਦੇ ਖੂਹ ਵਿਚ ਗੋਤੇ ਖਾਂਦਾ ਰਹਿੰਦਾ ਹੈ (ਇਉਂ ਤੜਫਦਾ ਰਹਿੰਦਾ ਹੈ) ਜਿਵੇਂ ਪਾਣੀ ਤੋਂ ਬਾਹਰ ਨਿਕਲ ਕੇ ਮੱਛੀ (ਤੜਫਦੀ ਹੈ) ॥੮॥
43956	1028	ਚਉਰਾਸੀਹ ਨਰਕ ਸਾਕਤੁ ਭੋਗਾਈਐ॥		Chouraaseeh Narak Saakath Bhogaaeeai ||	The faithless cynic has to endure 8.4 million hellish incarnations.	ਮਾਇਆ-ਵੇੜ੍ਹਿਆ ਜੀਵ (ਪਰਮਾਤਮਾ ਨੂੰ ਭੁਲਾ ਕੇ) ਚੁਰਾਸੀ ਲੱਖ ਜੂਨਾਂ ਦੇ ਗੇੜ ਦੇ ਦੁੱਖ ਭੋਗਦਾ ਹੈ।
43957	1028	ਜੈਸਾ ਕੀਚੈ ਤੈਸੋ ਪਾਈਐ॥		Jaisaa Keechai Thaiso Paaeeai ||	As he acts, so does he suffer.	(ਸਿਰਜਣਹਾਰ ਦੀ ਰਜ਼ਾ ਦਾ ਨਿਯਮ ਹੀ ਐਸਾ ਹੈ ਕਿ) ਜਿਹੋ ਜਿਹਾ ਕਰਮ ਕਰੀਦਾ ਹੈ ਤਿਹੋ ਜਿਹਾ ਫਲ ਭੋਗੀਦਾ ਹੈ।
43958	1028	ਸਤਿਗੁਰ ਬਾਝਹੁ ਮੁਕਤਿ ਨ ਹੋਈ ਕਿਰਤਿ ਬਾਧਾ ਗ੍ਰਸਿ ਦੀਨਾ ਹੇ॥੯॥		Sathigur Baajhahu Mukath N Hoee Kirath Baadhhaa Gras Dheenaa Hae ||9||	Without the True Guru, there is no liberation. Bound and gagged by his own actions, he is helpless. ||9||	ਗੁਰੂ ਦੀ ਸਰਨ ਪੈਣ ਤੋਂ ਬਿਨਾ (ਚੁਰਾਸੀ ਦੇ ਗੇੜ ਵਿਚੋਂ) ਖ਼ਲਾਸੀ ਨਹੀਂ ਹੁੰਦੀ, ਆਪਣੇ ਕੀਤੇ ਕਰਮਾਂ ਦਾ ਬੱਝਾ ਜੀਵ ਉਸ ਗੇੜ ਵਿਚ ਫਸਿਆ ਰਹਿੰਦਾ ਹੈ ॥੯॥

43959	1028	ਖੰਡੇ ਧਾਰ ਗਲੀ ਅਤਿ ਭੀੜੀ॥		Khanddae Dhhaar Galee Ath Bheerree ||	This path is very narrow, like the sharp edge of a sword.	(ਇਸ ਵਿਕਾਰ-ਭਰੇ ਜਗਤ ਵਿਚ ਸਹੀ ਇਨਸਾਨੀ ਜੀਵਨ ਦਾ ਰਸਤਾ, ਮਾਨੋ,) ਇਕ ਬੜੀ ਹੀ ਤੰਗ ਗਲੀ (ਵਿਚੋਂ ਦੀ ਲੰਘਦਾ ਹੈ ਜਿਥੇ ਬੜਾ ਹੀ ਸੰਕੋਚ ਕਰ ਕੇ ਤੁਰਨਾ ਪੈਂਦਾ) ਹੈ (ਉਹ ਰਸਤਾ, ਮਾਨੋ,) ਖੰਡੇ ਦੀ ਧਾਰ (ਵਰਗਾ ਤ੍ਰਿੱਖਾ) ਹੈ (ਜਿਸ ਉਤੋਂ ਲੰਘਦਿਆਂ ਰਤਾ ਭਰ ਭੀ ਡੋਲਿਆਂ ਵਿਕਾਰਾਂ ਦੇ ਸਮੁੰਦਰ ਵਿਚ ਡਿੱਗ ਪਈਦਾ ਹੈ)।
43960	1028	ਲੇਖਾ ਲੀਜੈ ਤਿਲ ਜਿਉ ਪੀੜੀ॥		Laekhaa Leejai Thil Jio Peerree ||	When his account is read, he shall be crushed like the sesame seed in the mill.	ਕੀਤੇ ਕਰਮਾਂ ਦਾ ਹਿਸਾਬ ਭੀ ਮੁਕਾਣਾ ਪੈਂਦਾ ਹੈ (ਭਾਵ, ਜਦ ਤਕ ਮਨ ਵਿਚ ਵਿਕਾਰਾਂ ਦੇ ਸੰਸਕਾਰ ਮੌਜੂਦ ਹਨ, ਤਦ ਤਕ ਵਿਕਾਰਾਂ ਤੋਂ ਖ਼ਲਾਸੀ ਨਹੀਂ ਮਿਲਦੀ) ਜਿਵੇਂ ਤਿਲਾਂ ਨੂੰ (ਕੋਲ੍ਹੂ ਵਿਚ) ਪੀੜਿਆਂ ਹੀ ਤੇਲ ਨਿਕਲਦਾ ਹੈ (ਤਿਵੇਂ ਦੁੱਖ ਦੇ ਕੋਲ੍ਹੂ ਵਿਚ ਪੈ ਕੇ ਵਿਕਾਰਾਂ ਤੋਂ ਖ਼ਲੌਾਸੀ ਮਿਲਦੀ ਹੈ)।
43961	1028	ਮਾਤ ਪਿਤਾ ਕਲਤ੍ਰ ਸੁਤ ਬੇਲੀ ਨਾਹੀ ਬਿਨੁ ਹਰਿ ਰਸ ਮੁਕਤਿ ਨ ਕੀਨਾ ਹੇ॥੧੦॥	ਕ-ਲੱਤ੍ਰ	Maath Pithaa Kalathr Suth Baelee Naahee Bin Har Ras Mukath N Keenaa Hae ||10||	Mother, father, spouse and child - none is anyone's friend in the end. Without the Lord's Love, no one is liberated. ||10||	ਇਸ ਦੁੱਖ ਵਿਚ ਮਾਂ ਪਿਉ ਵਹੁਟੀ ਪੁੱਤਰ ਕੋਈ ਭੀ ਸਹਾਈ ਨਹੀਂ ਹੋ ਸਕਦਾ। ਪਰਮਾਤਮਾ ਦੇ ਨਾਮ-ਰਸ ਦੀ ਪ੍ਰਾਪਤੀ ਤੋਂ ਬਿਨਾ (ਵਿਕਾਰਾਂ ਤੋਂ) ਖ਼ਲਾਸੀ ਨਹੀਂ ਹੁੰਦੀ ॥੧੦॥

43962	1028	ਮੀਤ ਸਖੇ ਕੇਤੇ ਜਗ ਮਾਹੀ॥	ਜੱਗ	Meeth Sakhae Kaethae Jag Maahee ||	You may have many friends and companions in the world,	ਜਗਤ ਵਿਚ (ਭਾਵੇਂ) ਅਨੇਕਾਂ ਹੀ ਮਿੱਤਰ ਸਾਥੀ (ਬਣਾ ਲਈਏ),
43963	1028	ਬਿਨੁ ਗੁਰ ਪਰਮੇਸਰ ਕੋਈ ਨਾਹੀ॥		Bin Gur Paramaesar Koee Naahee ||	But without the Guru, the Transcendent Lord Incarnate, there is no one at all.	ਪਰ ਗੁਰੂ ਤੋਂ ਬਿਨਾ ਪਰਮਾਤਮਾ ਤੋਂ ਬਿਨਾ (ਵਿਕਾਰਾਂ ਦੇ ਸਮੁੰਦਰ ਵਿਚ ਡੁੱਬਦੇ ਜੀਵ ਦਾ) ਕੋਈ ਮਦਦਗਾਰ ਨਹੀਂ ਬਣਦਾ।
43964	1028	ਗੁਰ ਕੀ ਸੇਵਾ ਮੁਕਤਿ ਪਰਾਇਣਿ ਅਨ ਦਿਨੁ ਕੀਰਤਨੁ ਕੀਨਾ ਹੇ॥੧੧॥		Gur Kee Saevaa Mukath Paraaein Anadhin Keerathan Keenaa Hae ||11||	Service to the Guru is the way to liberation. Night and day, sing the Kirtan of the Lord's Praises. ||11||	ਗੁਰੂ ਦੀ ਦੱਸੀ ਸੇਵਾ ਹੀ (ਵਿਕਾਰਾਂ ਤੋਂ) ਖ਼ਲਾਸੀ ਦਾ ਆਸਰਾ ਬਣਦਾ ਹੈ। (ਜੇਹੜਾ ਬੰਦਾ) ਹਰ ਵੇਲੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ (ਉਹ ਵਿਕਾਰਾਂ ਤੋਂ ਸੁਤੰਤਰ ਹੋ ਜਾਂਦਾ ਹੈ) ॥੧੧॥
43965	1028	ਕੂੜੁ ਛੋਡਿ ਸਾਚੇ ਕਉ ਧਾਵਹੁ॥		Koorr Shhodd Saachae Ko Dhhaavahu ||	Abandon falsehood, and pursue the Truth,	ਮਾਇਆ ਦਾ ਮੋਹ ਛੱਡ ਕੇ ਸਦਾ-ਥਿਰ ਰਹਿਣ ਵਾਲੇ ਪ੍ਰਭੂ ਨੂੰ ਮਿਲਣ ਦਾ ਉੱਦਮ ਕਰੋ।
43966	1028	ਜੋ ਇਛਹੁ ਸੋਈ ਫਲੁ ਪਾਵਹੁ॥		Jo Eishhahu Soee Fal Paavahu ||	And you shall obtain the fruits of your desires.	(ਮਾਇਆ ਵਲੋਂ ਭੀ ਤਰਸੇਵਾਂ ਨਹੀਂ ਰਹੇਗਾ), ਜੋ ਕੁਝ (ਪ੍ਰਭੂ-ਦਰ ਤੋਂ) ਮੰਗੋਗੇ ਉਹੀ ਮਿਲ ਜਾਇਗਾ।

43967	1028	ਸਾਚ ਵਖਰ ਕੇ ਵਾਪਾਰੀ ਵਿਰਲੇ ਲੈ ਲਾਹਾ ਸਉਦਾ ਕੀਨਾ ਹੇ॥੧੨॥		Saach Vakhar Kae Vaapaaree Viralae Lai Laahaa Soudhaa Keenaa Hae ||12||	Very few are those who trade in the merchandise of Truth. Those who deal in it, obtain the true profit. ||12||	(ਪਰ ਮਾਇਆ ਇਤਨੀ ਪ੍ਰਬਲ ਹੈ ਕਿ) ਸਦਾ ਕਾਇਮ-ਰਹਿਣ ਵਾਲੇ ਨਾਮ-ਵੱਖਰ ਦੇ ਵਣਜਣ ਵਾਲੇ (ਜਗਤ ਵਿਚ) ਕੋਈ ਵਿਰਲੇ ਹੀ ਹੁੰਦੇ ਹਨ। ਜੇਹੜਾ ਮਨੁੱਖ ਇਹ ਵਣਜ ਕਰਦਾ ਹੈ ਉਹ (ਉੱਚੀ ਆਤਮਕ ਅਵਸਥਾ ਦਾ) ਲਾਭ ਖੱਟ ਲੈਂਦਾ ਹੈ ॥੧੨॥
43968	1028	ਹਰਿ ਹਰਿ ਨਾਮੁ ਵਖਰੁ ਲੈ ਚਲਹੁ॥		Har Har Naam Vakhar Lai Chalahu ||	Depart with the merchandise of the Name of the Lord, Har, Har,	ਪਰਮਾਤਮਾ ਦੇ ਨਾਮ ਦਾ ਸੌਦਾ (ਇਥੋਂ) ਖ਼ਰੀਦ ਕੇ ਤੁਰੋ,
43969	1028	ਦਰਸਨੁ ਪਾਵਹੁ ਸਹਜਿ ਮਹਲਹੁ॥	ਮਹੱਲਹੁ	Dharasan Paavahu Sehaj Mehalahu ||	And you shall intuitively obtain the Blessed Vision of His Darshan, in the Mansion of His Presence.	ਪਰਮਾਤਮਾ ਦਾ ਦਰਸ਼ਨ ਪਾਵੋਗੇ, ਉਸ ਦੀ ਦਰਗਾਹ ਤੋਂ (ਉਹ ਦਾਤ ਮਿਲੇਗੀ ਜਿਸ ਦੀ ਬਰਕਤਿ ਨਾਲ) ਅਡੋਲ ਆਤਮਕ ਅਵਸਥਾ ਵਿਚ ਟਿਕੇ ਰਹੋਗੇ।
43970	1028	ਗੁਰਮੁਖਿ ਖੋਜਿ ਲਹਹਿ ਜਨ ਪੂਰੇ ਇਉ ਸਮਦਰਸੀ ਚੀਨਾ ਹੇ॥੧੩॥		Guramukh Khoj Lehehi Jan Poorae Eio Samadharasee Cheenaa Hae ||13||	The Gurmukhs search for Him and find Him; they are the perfect humble beings. In this way, they see Him, who looks upon all alike. ||13||	ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ ਬੰਦੇ (ਆਤਮਕ ਗੁਣਾਂ ਵਿਚ) ਪੂਰਨ (ਹੋ ਕੇ ਪ੍ਰਭੂ ਦਾ ਨਾਮ-ਵੱਖਰ) ਹਾਸਲ ਕਰ ਲੈਂਦੇ ਹਨ, ਤੇ ਇਸ ਤਰ੍ਹਾਂ ਸਭ ਨਾਲ ਪਿਆਰ ਕਰਨ ਵਾਲੇ ਪਰਮਾਤਮਾ ਨੂੰ (ਆਪਣੇ ਅੰਦਰ ਵੱਸਦਾ ਹੀ) ਪਛਾਣ ਲੈਂਦੇ ਹਨ ॥੧੩॥

43971	1028	ਪ੍ਰਭ ਬੇਅੰਤ ਗੁਰਮਤਿ ਕੋ ਪਾਵਹਿ॥		Prabh Baeanth Guramath Ko Paavehi ||	God is endless; following the Guru's Teachings, some find Him.	ਕੋਈ ਵਿਰਲੇ (ਭਾਗਾਂ ਵਾਲੇ) ਬੰਦੇ ਗੁਰੂ ਦੀ ਮੱਤ ਲੈ ਕੇ ਬੇਅੰਤ ਗੁਣਾਂ ਦੇ ਮਾਲਕ ਪਰਮਾਤਮਾ ਨੂੰ ਲੱਭ ਲੈਂਦੇ ਹਨ,
43972	1028	ਗੁਰ ਕੈ ਸਬਦਿ ਮਨ ਕਉ ਸਮਝਾਵਹਿ॥		Gur Kai Sabadh Man Ko Samajhaavehi ||	Through the Word of the Guru's Shabad, they instruct their minds.	ਗੁਰੂ ਦੇ ਸ਼ਬਦ ਵਿਚ ਜੁੜ ਕੇ (ਆਪਣੇ) ਮਨ ਨੂੰ (ਵਿਕਾਰਾਂ ਵਲ ਦੌੜਨ ਤੋਂ ਹਟਣ ਲਈ) ਸਮਝਾਂਦੇ ਹਨ।
43973	1028	ਸਤਿਗੁਰ ਕੀ ਬਾਣੀ ਸਤਿ ਸਤਿ ਕਰਿ ਮਾਨਹੁ ਇਉ ਆਤਮ ਰਾਮੈ ਲੀਨਾ ਹੇ॥੧੪॥		Sathigur Kee Baanee Sath Sath Kar Maanahu Eio Aatham Raamai Leenaa Hae ||14||	Accept as True, Perfectly True, the Word of the True Guru's Bani. In this way, you shall merge in the Lord, the Supreme Soul. ||14||	ਸਤਿਗੁਰੂ ਦੀ ਬਾਣੀ ਵਿਚ ਪੂਰਨ ਸਰਧਾ ਬਣਾਵੋ। ਇਸ ਤਰ੍ਹਾਂ (ਭਾਵ, ਗੁਰੂ ਦੀ ਬਾਣੀ ਵਿਚ ਸਰਧਾ ਬਣਾਇਆਂ) ਸਰਬ-ਵਿਆਪਕ ਪਰਮਾਤਮਾ ਵਿਚ ਲੀਨ ਹੋ ਜਾਈਦਾ ਹੈ (ਤੇ ਵਿਕਾਰਾਂ ਵਲ ਦੀ ਭਟਕਣਾ ਮੁੱਕ ਜਾਂਦੀ ਹੈ) ॥੧੪॥
43974	1028	ਨਾਰਦ ਸਾਰਦ ਸੇਵਕ ਤੇਰੇ॥		Naaradh Saaradh Saevak Thaerae ||	Naarad and Saraswati are Your servants.	ਹੇ ਪ੍ਰਭੂ! ਨਾਰਦ (ਆਦਿਕ ਵੱਡੇ ਵੱਡੇ ਰਿਸ਼ੀ) ਤੇ ਸਾਰਦਾ (ਵਰਗੀਆਂ ਬੇਅੰਤ ਦੇਵੀਆਂ) ਸਭ ਤੇਰੇ (ਹੀ ਦਰ ਦੇ) ਸੇਵਕ ਹਨ,
43975	1028	ਤ੍ਰਿਭਵਣਿ ਸੇਵਕ ਵਡਹੁ ਵਡੇਰੇ॥		Thribhavan Saevak Vaddahu Vaddaerae ||	Your servants are the greatest of the great, throughout the three worlds.	ਇਸ ਤ੍ਰਿਭਵਨੀ ਸੰਸਾਰ ਵਿਚ ਵੱਡੇ ਤੋਂ ਵੱਡੇ ਅਖਵਾਣ ਵਾਲੇ ਭੀ ਤੇਰੇ ਦਰ ਦੇ ਸੇਵਕ ਹਨ।

43976	1028	ਸਭ ਤੇਰੀ ਕੁਦਰਤਿ ਤੂ ਸਿਰਿ ਸਿਰਿ ਦਾਤਾ ਸਭੁ ਤੇਰੋ ਕਾਰਣੁ ਕੀਨਾ ਹੇ॥੧੫॥		Sabh Thaeree Kudharath Thoo Sir Sir Dhaathaa Sabh Thaero Kaaran Keenaa Hae ||15||	Your creative power permeates all; You are the Great Giver of all. You created the whole creation. ||15||	ਇਹ ਸਾਰੀ ਰਚਨਾ ਤੇਰੀ ਹੀ ਰਚੀ ਹੋਈ ਹੈ, ਇਹ ਸਾਰਾ ਸੰਸਾਰ ਤੇਰਾ ਹੀ ਬਣਾਇਆ ਹੋਇਆ ਹੈ। ਤੂੰ ਹਰੇਕ ਜੀਵ ਦੇ ਸਿਰ ਉਤੇ ਰਾਜ਼ਕ ਹੈਂ ॥੧੫॥
43977	1028	ਇਕਿ ਦਰਿ ਸੇਵਹਿ ਦਰਦੁ ਵਞਾਏ॥		Eik Dhar Saevehi Dharadh Vanjaaeae ||	Some serve at Your Door, and their sufferings are dispelled.	ਅਨੇਕਾਂ ਹੀ ਜੀਵ (ਤੇਰੇ ਨਾਮ ਦੀ ਬਰਕਤਿ ਨਾਲ ਆਪਣਾ) ਦੁੱਖ ਦਰਦ ਦੂਰ ਕਰ ਕੇ ਤੇਰੇ ਦਰ ਤੇ ਤੇਰੀ ਸੇਵਾ-ਭਗਤੀ ਕਰਦੇ ਹਨ।
43978	1028	ਓਇ ਦਰਗਹ ਪੈਧੇ ਸਤਿਗੁਰੂ ਛਡਾਏ॥		Oue Dharageh Paidhhae Sathiguroo Shhaddaaeae ||	They are robed with honor in the Court of the Lord, and emancipated by the True Guru.	ਜਿਨ੍ਹਾਂ ਨੂੰ ਸਤਿਗੁਰੂ (ਵਿਕਾਰਾਂ ਦੇ ਪੰਜੇ ਤੋਂ) ਛੁਡਾ ਲੈਂਦਾ ਹੈ ਉਹਨਾਂ ਨੂੰ ਪਰਮਾਤਮਾ ਦੀ ਦਰਗਾਹ ਵਿਚ ਆਦਰ-ਸਤਕਾਰ ਮਿਲਦਾ ਹੈ।
43979	1028	ਹਉਮੈ ਬੰਧਨ ਸਤਿਗੁਰਿ ਤੋੜੇ ਚਿਤੁ ਚੰਚਲੁ ਚਲਣਿ ਨ ਦੀਨਾ ਹੇ॥੧੬॥		Houmai Bandhhan Sathigur Thorrae Chith Chanchal Chalan N Dheenaa Hae ||16||	The True Guru breaks the bonds of egotism, and restrains the fickle consciousness. ||16||	ਜਿਨ੍ਹਾਂ (ਵਡ-ਭਾਗੀਆਂ) ਦੇ ਹਉਮੈ ਦੇ ਬੰਧਨ ਸਤਿਗੁਰੂ ਨੇ ਤੋੜ ਦਿੱਤੇ, ਉਹਨਾਂ ਦੇ ਚੰਚਲ ਮਨ ਨੂੰ ਗੁਰੂ ਨੇ (ਵਿਕਾਰਾਂ ਵਲ) ਭਟਕਣ ਨਹੀਂ ਦਿੱਤਾ ॥੧੬॥

43980	1028	ਸਤਿਗੁਰ ਮਿਲਹੁ ਚੀਨਹੁ ਬਿਧਿ ਸਾਈ॥	ਬਿਧਿ: ਪੋਲਾ ਬੋਲੋ,ਸਾਂਈਂ	Sathigur Milahu Cheenahu Bidhh Saaee ||	Meet the True Guru, and search for the way,	ਤੁਸੀਂ ਗੁਰੂ ਨੂੰ ਮਿਲੋ, ਤੇ (ਗੁਰੂ ਪਾਸੋਂ) ਉਹ ਢੰਗ ਸਿੱਖ ਲਵੋ,
43981	1028	ਜਿਤੁ ਪ੍ਰਭੁ ਪਾਵਹੁ ਗਣਤ ਨ ਕਾਈ॥		Jith Prabh Paavahu Ganath N Kaaee ||	By which you may find God, and not have to answer for your account.	ਜਿਸ ਦੀ ਸਹਾਇਤਾ ਨਾਲ ਪਰਮਾਤਮਾ ਨੂੰ ਮਿਲ ਸਕੋ, ਤੇ ਕਰਮਾਂ ਦਾ ਲੇਖਾ ਭੀ ਕੋਈ ਨਾਹ ਰਹਿ ਜਾਏ।
43982	1028	ਹਉਮੈ ਮਾਰਿ ਕਰਹੁ ਗੁਰ ਸੇਵਾ ਜਨ ਨਾਨਕ ਹਰਿ ਰੰਗਿ ਭੀਨਾ ਹੇ॥੧੭॥੨॥੮॥		Houmai Maar Karahu Gur Saevaa Jan Naanak Har Rang Bheenaa Hae ||17||2||8||	Subdue your egotism, and serve the Guru; O servant Nanak, you shall be drenched with the Lord's Love. ||17||2||8||	ਆਪਣੀ ਹਉਮੈ ਮਾਰ ਕੇ ਗੁਰੂ ਦੀ ਦੱਸੀ ਸੇਵਾ ਕਰੋ। ਹੇ ਦਾਸ ਨਾਨਕ! (ਜੇਹੜਾ ਮਨੁੱਖ ਗੁਰੂ ਦੀ ਦੱਸੀ ਕਾਰ ਕਰਦਾ ਹੈ) ਉਹ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਭਿੱਜ ਜਾਂਦਾ ਹੈ ॥੧੭॥੨॥੮॥
43983	1028	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
43984	1028	ਅਸੁਰ ਸਘਾਰਣ ਰਾਮੁ ਹਮਾਰਾ॥	ਅ-ਸੁਰ	Asur Saghaaran Raam Hamaaraa ||	My Lord is the Destroyer of demons.	ਸਾਡਾ ਪਰਮਾਤਮਾ (ਸਾਡੇ ਮਨਾਂ ਵਿਚੋਂ ਕਾਮਾਦਿਕ) ਦੈਂਤਾਂ ਦਾ ਨਾਸ ਕਰਨ ਦੇ ਸਮਰੱਥ ਹੈ।
43985	1028	ਘਟਿ ਘਟਿ ਰਮਈਆ ਰਾਮੁ ਪਿਆਰਾ॥	ਘਟਿ: ਪੋਲੇ ਬੋਲੋ। ਰ-ਮਈਆ	Ghatt Ghatt Rameeaa Raam Piaaraa ||	My Beloved Lord is pervading each and every heart.	ਉਹ ਪਿਆਰਾ ਸੋਹਣਾ ਰਾਮ ਹਰੇਕ ਸਰੀਰ ਵਿਚ ਵੱਸਦਾ ਹੈ।

43986	1028	ਨਾਲੇ ਅਲਖੁ ਨ ਲਖੀਐ ਮੂਲੇ ਗੁਰਮੁਖਿ ਲਿਖੁ ਵੀਚਾਰਾ ਹੇ॥੧॥		Naalae Alakh N Lakheeai Moolae Guramukh Likh Veechaaraa Hae ||1||	The unseen Lord is always with us, but He is not seen at all. The Gurmukh contemplates the record. ||1||	ਹਰ ਵੇਲੇ ਸਾਡੇ ਅੰਦਰ ਮੌਜੂਦ ਹੈ, ਫਿਰ ਭੀ ਉਹ ਅਲੱਖ ਹੈ, ਉਸ ਦਾ ਸਰੂਪ ਉੱਕਾ ਹੀ ਬਿਆਨ ਨਹੀਂ ਕੀਤਾ ਜਾ ਸਕਦਾ। ਗੁਰੂ ਦੀ ਸਰਨ ਪੈ ਕੇ ਉਸ ਦੇ ਗੁਣਾਂ ਦੀ ਵਿਚਾਰ (ਆਪਣੇ ਹਿਰਦੇ ਵਿਚ) ਪ੍ਰੋ ਲਵੋ ॥੧॥
43987	1028	ਗੁਰਮੁਖਿ ਸਾਧੂ ਸਰਣਿ ਤੁਮਾਰੀ॥		Guramukh Saadhhoo Saran Thumaaree ||	The Holy Gurmukh seeks Your Sanctuary.	ਹੇ ਪ੍ਰਭੂ! ਜੇਹੜੇ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਤੇਰੀ ਸਰਨ ਪੈਂਦੇ ਹਨ ਉਹ ਆਪਣੇ ਮਨ ਨੂੰ ਸਾਧ ਲੈਂਦੇ ਹਨ (ਵਿਕਾਰਾਂ ਵਲੋਂ ਰੋਕ ਲੈਂਦੇ ਹਨ)।
43988	1029	ਕਰਿ ਕਿਰਪਾ ਪ੍ਰਭਿ ਪਾਰਿ ਉਤਾਰੀ॥		Kar Kirapaa Prabh Paar Outhaaree ||	God grants His Grace, and carries him across to the other side.	(ਜਿਸ ਭੀ ਮਨੁੱਖ ਨੇ ਗੁਰੂ ਵਲ ਮੂੰਹ ਕੀਤਾ ਉਸ ਨੂੰ) ਪ੍ਰਭੂ ਨੇ ਮੇਹਰ ਕਰ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲਿਆ।
43989	1029	ਅਗਨਿ ਪਾਣੀ ਸਾਗਰੁ ਅਤਿ ਗਹਰਾ ਗੁਰੁ ਸਤਿਗੁਰੁ ਪਾਰਿ ਉਤਾਰਾ ਹੇ॥੨॥		Agan Paanee Saagar Ath Geharaa Gur Sathigur Paar Outhaaraa Hae ||2||	The ocean is very deep, filled with fiery water; the Guru, the True Guru, carries us across to the other side. ||2||	ਇਹ ਸੰਸਾਰ ਇਕ ਬੜਾ ਹੀ ਡੂੰਘਾ ਸਮੁੰਦਰ ਹੈ ਇਸ ਵਿਚ ਪਾਣੀ (ਦੇ ਥਾਂ ਵਿਕਾਰਾਂ ਦੀ) ਅੱਗ (ਭੜਕ ਰਹੀ) ਹੈ। ਇਸ ਵਿਚੋਂ ਸਤਿਗੁਰੂ ਪਾਰ ਲੰਘਾ ਲੈਂਦਾ ਹੈ ॥੨॥

43990	1029	ਮਨਮੁਖ ਅੰਧੁਲੇ ਸੋਝੀ ਨਾਹੀ॥		Manamukh Andhhulae Sojhee Naahee ||	The blind, self-willed manmukh does not understand.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਤੇ ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਬੰਦਿਆਂ ਨੂੰ (ਇਸ ਤ੍ਰਿਸ਼ਨਾ-ਅੱਗ ਦੇ ਸਮੁੰਦਰ ਦੀ) ਸਮਝ ਨਹੀਂ ਪੈਂਦੀ।
43991	1029	ਆਵਹਿ ਜਾਹਿ ਮਰਹਿ ਮਰਿ ਜਾਹੀ॥		Aavehi Jaahi Marehi Mar Jaahee ||	He comes and goes in reincarnation, dying, and dying again.	ਉਹ ਜਨਮ ਮਰਨ ਦੇ ਚੱਕਰ ਵਿਚ ਪੈਂਦੇ ਹਨ ਤੇ ਮੁੜ ਮੁੜ ਆਤਮਕ ਮੌਤੇ ਮਰਦੇ ਹਨ।
43992	1029	ਪੂਰਬਿ ਲਿਖਿਆ ਲੇਖੁ ਨ ਮਿਟਈ ਜਮ ਦਰਿ ਅੰਧੁ ਖੁਆਰਾ ਹੇ॥੩॥		Poorab Likhiaa Laekh N Mittee Jam Dhar Andhh Khuaaraa Hae ||3||	The primal inscription of destiny cannot be erased. The spiritually blind suffer terribly at Death's door. ||3||	(ਪਰ ਉਹ ਵਿਚਾਰੇ ਭੀ ਕੀਹ ਕਰਨ?) ਪਿਛਲੇ ਜਨਮਾਂ ਜਨਮਾਂਤਰਾਂ ਦੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਲਿਖਿਆ ਲੇਖ (ਜੋ ਉਹਨਾਂ ਦੇ ਮਨ ਵਿਚ ਉੱਕਰਿਆ ਪਿਆ ਹੈ) ਮਿਟਦਾ ਨਹੀਂ। ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਜੀਵ ਜਮ ਦੇ ਦਰ ਤੇ ਖੁਆਰ ਹੁੰਦਾ ਹੈ ॥੩॥
43993	1029	ਇਕਿ ਆਵਹਿ ਜਾਵਹਿ ਘਰਿ ਵਾਸੁ ਨ ਪਾਵਹਿ॥		Eik Aavehi Jaavehi Ghar Vaas N Paavehi ||	Some come and go, and do not find a home in their own heart.	(ਇਸੇ ਹੀ ਤਰ੍ਹਾਂ ਮਾਇਆ ਮੋਹ ਵਿਚ ਫਸ ਕੇ) ਅਨੇਕਾਂ ਹੀ ਜੀਵ ਜੰਮਦੇ ਹਨ ਮਰਦੇ ਹਨ, ਜੰਮਦੇ ਹਨ ਮਰਦੇ ਹਨ, ਪਰ ਆਪਣੇ ਅੰਤਰ ਆਤਮੇ ਅਡੋਲਤਾ ਨਹੀਂ ਪ੍ਰਾਪਤ ਕਰ ਸਕਦੇ,
43994	1029	ਕਿਰਤ ਕੇ ਬਾਧੇ ਪਾਪ ਕਮਾਵਹਿ॥		Kirath Kae Baadhhae Paap Kamaavehi ||	Bound by their past actions, they commit sins.	ਉਹ ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦੇ ਬੱਝੇ ਹੋਏ (ਹੋਰ ਹੋਰ) ਪਾਪ ਕਰੀ ਜਾਂਦੇ ਹਨ।

43995	1029	ਅੰਧੁਲੇ ਸੋਝੀ ਬੂਝ ਨ ਕਾਈ ਲੋਭੁ ਬੁਰਾ ਅਹੰਕਾਰਾ ਹੇ॥੪॥		Andhhulae Sojhee Boojh N Kaaee Lobh Buraa Ahankaaraa Hae ||4||	The blind ones have no understanding, no wisdom; they are trapped and ruined by greed and egotism. ||4||	ਮਾਇਆ ਦਾ ਲੋਭ ਤੇ ਅਹੰਕਾਰ ਬੜੀ ਬੁਰੀ ਬਲਾ ਹੈ, ਇਸ ਵਿਚ ਅੰਨ੍ਹੇ ਹੋਏ ਜੀਵ ਨੂੰ ਕੋਈ ਸੂਝ ਬੂਝ ਆ ਨਹੀਂ ਸਕਦੀ (ਕਿ ਕਿਸ ਰਾਹੇ ਪਿਆ ਹੋਇਆ ਹੈ) ॥੪॥
43996	1029	ਪਿਰ ਬਿਨੁ ਕਿਆ ਤਿਸੁ ਧਨ ਸੀਗਾਰਾ॥		Pir Bin Kiaa This Dhhan Seegaaraa ||	Without her Husband Lord, what good are the soul-bride's decorations?	ਜੇਹੜੀ ਇਸਤ੍ਰੀ ਪਤੀ ਤੋਂ ਵਿਛੁੜੀ ਹੋਈ ਹੋਵੇ ਉਸ ਦਾ ਹਾਰ-ਸਿੰਗਾਰ ਕਿਸ ਅਰਥ?
43997	1029	ਪਰ ਪਿਰ ਰਾਤੀ ਖਸਮੁ ਵਿਸਾਰਾ॥		Par Pir Raathee Khasam Visaaraa ||	She has forgotten her Lord and Master, and is infatuated with another's husband.	ਉਸ ਨੇ ਤਾਂ ਆਪਣਾ ਖਸਮ ਵਿਸਾਰ ਰੱਖਿਆ ਹੈ ਤੇ ਉਹ ਪਰਾਏ ਮਰਦ ਨਾਲ ਰੰਗ-ਰਲੀਆਂ ਮਾਣਦੀ ਹੈ।
43998	1029	ਜਿਉ ਬੇਸੁਆ ਪੂਤ ਬਾਪੁ ਕੋ ਕਹੀਐ ਤਿਉ ਫੋਕਟ ਕਾਰ ਵਿਕਾਰਾ ਹੇ॥੫॥		Jio Baesuaa Pooth Baap Ko Keheeai Thio Fokatt Kaar Vikaaraa Hae ||5||	Just as no one knows who is the father of the prostitute's son, such are the worthless, useless deeds that are done. ||5||	(ਇਹ ਹਾਰ-ਸਿੰਗਾਰ ਉਸ ਨੂੰ ਹੋਰ ਹੋਰ ਨਰਕ ਵਿਚ ਪਾਂਦਾ ਹੈ)। ਜਿਵੇਂ ਕਿਸੇ ਵੇਸੁਆ ਦੇ ਪੁੱਤਰ ਦੇ ਪਿਉ ਦਾ ਨਾਮ ਨਹੀਂ ਦੱਸਿਆ ਜਾ ਸਕਦਾ (ਉਹ ਜਗਤ ਵਿਚ ਹਾਸੋ-ਹੀਣਾ ਹੀ ਹੁੰਦਾ ਹੈ, ਇਸੇ ਤਰ੍ਹਾਂ ਪਤੀ-ਪ੍ਰਭੂ ਤੋਂ ਵਿਛੁੜੀ ਜੀਵ-ਇਸਤ੍ਰੀ ਦੇ) ਹੋਰ ਹੋਰ ਕਰਮ ਫੋਕੇ ਤੇ ਵਿਕਾਰ ਹੀ ਹਨ (ਇਹਨਾਂ ਵਿਚੋਂ ਨਮੋਸ਼ੀ ਹੀ ਮਿਲਦੀ ਹੈ) ॥੫॥

43999	1029	ਪ੍ਰੇਤ ਪਿੰਜਰ ਮਹਿ ਦੂਖ ਘਨੇਰੇ॥		Praeth Pinjar Mehi Dhookh Ghanaerae ||	The ghost, in the body-cage, suffers all sorts of afflictions.	(ਜੇਹੜੇ ਜੀਵ ਪ੍ਰਭੂ ਦਾ ਨਾਮ ਨਹੀਂ ਸਿਮਰਦੇ ਉਹ, ਮਾਨੋ, ਪ੍ਰੇਤ-ਜੂਨ ਹਨ। ਉਹਨਾਂ ਦੇ ਇਹ ਮਨੁੱਖਾ ਸਰੀਰ ਭੀ ਪ੍ਰੇਤਾਂ ਦੇ ਰਹਿਣ ਲਈ ਪਿੰਜਰ ਹੀ ਹਨ) ਇਹਨਾਂ ਪ੍ਰੇਤ-ਪਿੰਜਰਾਂ ਵਿਚ ਉਹ ਬੇਅੰਤ ਦੁੱਖ ਸਹਿੰਦੇ ਹਨ।
44000	1029	ਨਰਕਿ ਪਚਹਿ ਅਗਿਆਨ ਅੰਧੇਰੇ॥		Narak Pachehi Agiaan Andhhaerae ||	Those who are blind to spiritual wisdom, putrefy in hell.	ਅਗਿਆਨਤਾ ਦੇ ਹਨੇਰੇ ਵਿਚ ਪੈ ਕੇ ਉਹ (ਆਤਮਕ ਮੌਤ ਦੇ) ਨਰਕ ਵਿਚ ਖ਼ੁਆਰ ਹੁੰਦੇ ਹਨ।
44001	1029	ਧਰਮਰਾਇ ਕੀ ਬਾਕੀ ਲੀਜੈ ਜਿਨਿ ਹਰਿ ਕਾ ਨਾਮੁ ਵਿਸਾਰਾ ਹੇ॥੬॥		Dhharam Raae Kee Baakee Leejai Jin Har Kaa Naam Visaaraa Hae ||6||	The Righteous Judge of Dharma collects the balance due on the account, of those who forget the Name of the Lord. ||6||	ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਭੁਲਾ ਦਿੱਤਾ ਹੈ (ਉਸ ਦੇ ਸਿਰ ਤੇ ਵਿਕਾਰਾਂ ਦਾ ਕਰਜ਼ਾ ਚੜ੍ਹਦਾ ਜਾਂਦਾ ਹੈ, ਉਹ ਮਨੁੱਖ ਧਰਮਰਾਜ ਦਾ ਕਰਜ਼ਾਈ ਹੋ ਜਾਂਦਾ ਹੈ) ਉਸ ਪਾਸੋਂ ਧਰਮਰਾਜ ਦੇ ਇਸ ਕਰਜ਼ੇ ਦੀ ਵਸੂਲੀ ਕੀਤੀ ਹੀ ਜਾਂਦੀ ਹੈ (ਭਾਵ, ਵਿਕਾਰਾਂ ਦੇ ਕਾਰਨ ਉਸ ਨੂੰ ਦੁੱਖ ਸਹਾਰਨੇ ਹੀ ਪੈਂਦੇ ਹਨ) ॥੬॥
44002	1029	ਸੂਰਜੁ ਤਪੈ ਅਗਨਿ ਬਿਖੁ ਝਾਲਾ॥	ਬਿਖੁ: ਪੋਲਾ ਬੋਲੋ, ਝੱਾਲਾ	Sooraj Thapai Agan Bikh Jhaalaa ||	The scorching sun blazes with flames of poison.	(ਮਨਮੁਖ ਦੇ ਅੰਦਰ ਮਾਨੋ, ਮਾਇਆ ਦੇ ਮੋਹ ਦਾ) ਸੂਰਜ ਤਪਦਾ ਰਹਿੰਦਾ ਹੈ, ਉਸ ਦੇ ਅੰਦਰ ਵਿਹੁਲੀ ਤ੍ਰਿਸ਼ਨਾ-ਅੱਗ ਦੀਆਂ ਲਾਟਾਂ ਨਿਕਲਦੀਆਂ ਰਹਿੰਦੀਆਂ ਹਨ।

44003	1029	ਅਪਤੁ ਪਸੂ ਮਨਮੁਖੁ ਬੇਤਾਲਾ॥	ਅ-ਪਤ: ਪੋਲਾ ਬੋਲੋ	Apath Pasoo Manamukh Baethaalaa ||	The self-willed manmukh is dishonored, a beast, a demon.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ, ਮਾਨੇ, ਭੂਤ ਹੈ, (ਮਨੁੱਖਾ ਸਰੀਰ ਹੁੰਦਿਆਂ ਭੀ ਅੰਤਰ ਆਤਮੇ) ਪਸ਼ੂ ਹੈ, ਉਸ ਨੂੰ ਕਿਤੇ ਆਦਰ ਨਹੀਂ ਮਿਲਦਾ।
44004	1029	ਆਸਾ ਮਨਸਾ ਕੂੜੁ ਕਮਾਵਹਿ ਰੋਗੁ ਬੁਰਾ ਬੁਰਿਆਰਾ ਹੇ॥੭॥		Aasaa Manasaa Koorr Kamaavehi Rog Buraa Buriaaraa Hae ||7||	Trapped by hope and desire, he practices falsehood, and is afflicted by the terrible disease of corruption. ||7||	ਜੇਹੜੇ ਬੰਦੇ ਦੁਨੀਆ ਦੀਆਂ ਆਸਾਂ ਤੇ ਮਨ ਦੇ ਮਾਇਕ ਫੁਰਨਿਆਂ ਵਿਚ ਫਸ ਕੇ ਮਾਇਆ ਦੇ ਮੋਹ ਦੀ ਕਮਾਈ ਹੀ ਕਰਦੇ ਰਹਿੰਦੇ ਹਨ, ਉਹਨਾਂ ਨੂੰ (ਮੋਹ ਦਾ ਇਹ) ਅੱਤ ਭੈੜਾ ਰੋਗ ਚੰਬੜਿਆ ਹੀ ਰਹਿੰਦਾ ਹੈ ॥੭॥
44005	1029	ਮਸਤਕਿ ਭਾਰੁ ਕਲਰ ਸਿਰਿ ਭਾਰਾ॥		Masathak Bhaar Kalar Sir Bhaaraa ||	He carries the heavy load of sins on his forehead and head.	ਜਿਸ ਮਨੁੱਖ ਦੇ ਮੱਥੇ ਉਤੇ ਸਿਰ ਉਤੇ (ਪਾਪਾਂ ਦੇ) ਕੱਲਰ ਦਾ ਬਹੁਤ ਸਾਰਾ ਭਾਰ ਰੱਖਿਆ ਹੋਵੇ,
44006	1029	ਕਿਉ ਕਰਿ ਭਵਜਲੁ ਲੰਘਸਿ ਪਾਰਾ॥		Kio Kar Bhavajal Langhas Paaraa ||	How can he cross the terrifying world-ocean?	ਉਹ ਸੰਸਾਰ-ਸਮੁੰਦਰ ਤੋਂ ਕਿਵੇਂ ਪਾਰ ਲੰਘੇਗਾ?

44007	1029	ਸਤਿਗੁਰੁ ਬੋਹਿਥੁ ਆਦਿ ਜੁਗਾਦੀ ਰਾਮ ਨਾਮਿ ਨਿਸਤਾਰਾ ਹੇ॥੮॥		Sathigur Bohithh Aadh Jugaadhee Raam Naam Nisathaaraa Hae ||8||	From the very beginning of time, and throughout the ages, the True Guru has been the boat; through the Lord's Name, He carries us across. ||8||	ਦੁਨੀਆ ਦੇ ਸ਼ੁਰੂ ਤੋਂ ਹੀ ਜੁਗਾਂ ਦੇ ਮੁੱਢ ਤੋਂ ਹੀ ਸਤਿਗੁਰੂ ਜਹਾਜ਼ ਹੈ ਜੋ ਜੀਵਾਂ ਨੂੰ ਪਰਮਾਤਮਾ ਦੇ ਨਾਮ ਵਿਚ ਜੋੜ ਕੇ ਪਾਰ ਲੰਘਾ ਦੇਂਦਾ ਹੈ ॥੮॥
44008	1029	ਪੁਤ੍ਰ ਕਲਤ੍ਰ ਜਗਿ ਹੇਤੁ ਪਿਆਰਾ॥	ਪੁੱਤ੍ਰ , ਕ-ਲੱਤ੍ਰ , ਜੱਗਿ	Puthr Kalathr Jag Haeth Piaaraa ||	The love of one's children and spouse is so sweet in this world.	(ਸਭ ਜੀਵਾਂ ਦਾ) ਪੁੱਤਰ ਨਾਲ ਇਸਤ੍ਰੀ ਨਾਲ ਮੋਹ ਹੈ ਪਿਆਰ ਹੈ।
44009	1029	ਮਾਇਆ ਮੋਹੁ ਪਸਰਿਆ ਪਾਸਾਰਾ॥		Maaeiaa Mohu Pasariaa Paasaaraa ||	The expansive expanse of the Universe is attachment to Maya.	ਜਗਤ ਵਿਚ ਮਾਇਆ ਦਾ ਮੋਹ-ਰੂਪ ਖਿਲਾਰਾ ਖਿਲਰਿਆ ਪਿਆ ਹੈ।
44010	1029	ਜਮ ਕੇ ਫਾਹੇ ਸਤਿਗੁਰਿ ਤੋੜੇ ਗੁਰਮੁਖਿ ਤਤੁ ਬੀਚਾਰਾ ਹੇ॥੯॥		Jam Kae Faahae Sathigur Thorrae Guramukh Thath Beechaaraa Hae ||9||	The True Guru snaps the noose of Death, for that Gurmukh who contemplates the essence of reality. ||9||	(ਇਹ ਮੋਹ ਆਤਮਕ ਮੌਤ ਦਾ ਕਾਰਨ ਬਣਦਾ ਹੈ) ਇਸ ਆਤਮਕ ਮੌਤ ਦੀਆਂ ਫਾਹੀਆਂ ਸਤਿਗੁਰੂ ਨੇ (ਉਸ ਮਨੁੱਖ ਦੇ ਗਲੋਂ) ਤੋੜ ਦਿੱਤੀਆਂ ਹਨ ਜੋ ਗੁਰੂ ਦੇ ਸਨਮੁਖ ਰਹਿ ਕੇ ਜਗਤ ਦੇ ਮੂਲ ਪ੍ਰਭੂ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਂਦਾ ਹੈ ॥੯॥

44011	1029	ਕੂੜਿ ਮੁਠੀ ਚਾਲੈ ਬਹੁ ਰਾਹੀ॥	ਰਾਹੀਂ	Koorr Muthee Chaalai Bahu Raahee ||	Cheated by falsehood, the self-willed manmukh walks along many paths;	ਜੇਹੜੀ ਜੀਵ-ਇਸਤ੍ਰੀ ਮਾਇਆ ਦੇ ਮੋਹ ਵਿਚ (ਪੈ ਕੇ ਆਤਮਕ ਜੀਵਨ ਦੀ ਪੂੰਜੀ) ਲੁਟਾ ਬੈਠਦੀ ਹੈ, ਉਹ (ਸਹੀ ਜੀਵਨ-ਰਾਹ ਤੋਂ ਖੁੰਝ ਕੇ) ਕਈ ਰਾਹਾਂ ਵਿਚ ਭਟਕਦੀ ਫਿਰਦੀ ਹੈ।
44012	1029	ਮਨਮੁਖੁ ਦਾਝੈ ਪੜਿ ਪੜਿ ਭਾਹੀ॥	ਪੜਿ ਪੜਿ: ਝਾੜੇ ਹਲੰਤ ਨ ਲਾਉ	Manamukh Dhaajhai Parr Parr Bhaahee ||	He may be highly educated, but he burns in the fire.	ਜੇਹੜਾ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ ਉਹ ਤ੍ਰਿਸ਼ਨਾ ਦੀ ਅੱਗ ਵਿਚ ਪੈ ਪੈ ਕੇ ਸੜਦਾ ਹੈ (ਦੁਖੀ ਹੁੰਦਾ ਹੈ)।
44013	1029	ਅੰਮ੍ਰਿਤ ਨਾਮੁ ਗੁਰੂ ਵਡ ਦਾਨਾ ਨਾਮੁ ਜਪਹੁ ਸੁਖ ਸਾਰਾ ਹੇ॥੧੦॥		Anmrith Naam Guroo Vadd Dhaanaa Naam Japahu Sukh Saaraa Hae ||10||	The Guru is the Great Giver of the Ambrosial Naam, the Name of the Lord. Chanting the Naam, sublime peace is obtained. ||10||	(ਇਸ ਰੋਗ ਤੋਂ ਬਚਾਣ ਲਈ) ਗੁਰੂ (ਜੋ) ਵੱਡਾ ਸਿਆਣਾ (ਹਕੀਮ) ਹੈ ਆਤਮਕ ਜੀਵਨ ਦੇਣ ਵਾਲਾ ਹਰੀ-ਨਾਮ ਦੇਂਦਾ ਹੈ। (ਗੁਰੂ ਦੀ ਸਰਨ ਪੈ ਕੇ) ਨਾਮ ਜਪੋ (ਇਸੇ ਵਿਚ) ਸ੍ਰੇਸ਼ਟ ਸੁਖ ਹੈ ॥੧੦॥
44014	1029	ਸਤਿਗੁਰੁ ਤੁਠਾ ਸਚੁ ਦ੍ਰਿੜਾਏ॥		Sathigur Thuthaa Sach Dhrirraaeae ||	The True Guru, in His Mercy, implants Truth within.	ਜਿਸ ਮਨੁੱਖ ਉਤੇ ਗੁਰੂ ਤੁੱਠਦਾ ਹੈ ਉਸ ਨੂੰ ਸਦਾ-ਥਿਰ ਹਰੀ-ਨਾਮ (ਹਿਰਦੇ ਵਿਚ) ਪੱਕਾ ਕਰਾ ਦੇਂਦਾ ਹੈ,
44015	1029	ਸਭਿ ਦੁਖ ਮੇਟੇ ਮਾਰਗਿ ਪਾਏ॥		Sabh Dhukh Maettae Maarag Paaeae ||	All suffering is eradicated, and one is placed on the Path.	ਉਸ ਦੇ ਸਾਰੇ ਦੁੱਖ ਮਿਟਾ ਦੇਂਦਾ ਹੈ ਉਸ ਨੂੰ ਜ਼ਿੰਦਗੀ ਦੇ ਸਹੀ ਰਸਤੇ ਤੇ ਪਾ ਦੇਂਦਾ ਹੈ।

44016	1029	ਕੰਡਾ ਪਾਇ ਨ ਗਡਈ ਮੂਲੇ ਜਿਸੁ ਸਤਿਗੁਰੁ ਰਾਖਣਹਾਰਾ ਹੇ॥੧੧॥	ਗੱ-ਡਈ	Kanddaa Paae N Gaddee Moolae Jis Sathigur Raakhanehaaraa Hae ||11||	Not even a thorn ever pierces the foot of one who has the True Guru as his Protector. ||11||	ਸਤਿਗੁਰੂ ਜਿਸ ਮਨੁੱਖ ਦਾ ਰਾਖਾ ਬਣਦਾ ਹੈ (ਜ਼ਿੰਦਗੀ ਦੇ ਪੈਂਡੇ ਤੁਰਦਿਆਂ) ਉਸ ਦੇ ਪੈਰ ਵਿਚ ਕੰਡਾ ਨਹੀਂ ਚੁੱਭਦਾ (ਉਸ ਨੂੰ ਹਉਮੈ ਦਾ ਕੰਡਾ ਦੁਖੀ ਨਹੀਂ ਕਰਦਾ) ॥੧੧॥
44017	1029	ਖੇਹੂ ਖੇਹ ਰਲੈ ਤਨੁ ਛੀਜੈ॥		Khaehoo Khaeh Ralai Than Shheejai ||	Dust mixes with dust, when the body wastes away.	ਸਾਰੀ ਉਮਰ ਮਾਇਆ ਦੇ ਮੋਹ ਵਿਚ ਹੀ (ਮਨਮੁਖ ਦਾ) ਸਰੀਰ ਆਖ਼ਰ ਨਾਸ ਹੋ ਜਾਂਦਾ ਹੈ ਤੇ (ਉਸ ਦਾ ਸ੍ਰੇਸ਼ਟ ਮਨੁੱਖਾ ਜੀਵਨ) ਸੁਆਹ ਵਿਚ ਹੀ ਰਲ ਜਾਂਦਾ ਹੈ।
44018	1029	ਮਨਮੁਖੁ ਪਾਥਰੁ ਸੈਲੁ ਨ ਭੀਜੈ॥		Manamukh Paathhar Sail N Bheejai ||	The self-willed manmukh is like a stone slab, which is impervious to water.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਪੱਥਰ ਦਿਲ ਹੀ ਰਹਿੰਦਾ ਹੈ ਕਦੇ (ਭਗਤੀ-ਭਾਵ ਵਿਚ) ਨਹੀਂ ਭਿੱਜਦਾ।
44019	1029	ਕਰਣ ਪਲਾਵ ਕਰੇ ਬਹੁਤੇਰੇ ਨਰਕਿ ਸੁਰਗਿ ਅਵਤਾਰਾ ਹੇ॥੧੨॥		Karan Palaav Karae Bahuthaerae Narak Surag Avathaaraa Hae ||12||	He cries out and weeps and wails; he is reincarnated into heaven and then hell. ||12||	(ਜੀਵਨ ਦਾ ਸਮਾ ਵਿਹਾ ਜਾਣ ਤੇ ਜੇ ਉਹ) ਬਥੇਰੇ ਤਰਲੇ ਭੀ ਕਰੇ (ਤਾਂ ਕਿਸੇ ਅਰਥ ਨਹੀਂ) ਉਹ ਕਦੇ ਨਰਕ ਵਿਚ ਕਦੇ ਸੁਰਗ ਵਿਚ ਜੰਮਦਾ ਹੀ ਰਹਿੰਦਾ ਹੈ (ਭਾਵ, ਜਨਮ ਮਰਨ ਦੇ ਗੇੜ ਵਿਚ ਪੈ ਕੇ ਦੁਖ ਸੁਖ ਭੋਗਦਾ ਰਹਿੰਦਾ ਹੈ) ॥੧੨॥

44020	1029	ਮਾਇਆ ਬਿਖੁ ਭੁਇਅੰਗਮ ਨਾਲੇ॥	ਭੁਇਅੰਗਮ, ਨਾਲੇ: ਪੋਲਾ ਬੋਲੋ	Maaeiaa Bikh Bhueiangam Naalae ||	They live with the poisonous snake of Maya.	(ਗੁਰੂ ਦੀ ਸਰਨ ਤੋਂ ਬਿਨਾ) ਮਾਇਆ ਦੇ ਮੋਹ-ਰੂਪ ਸੱਪ ਦਾ ਜ਼ਹਿਰ ਜੀਵਾਂ ਦੇ ਅੰਦਰ ਟਿਕਿਆ ਰਹਿੰਦਾ ਹੈ (ਤੇ ਜੀਵਾਂ ਨੂੰ ਆਤਮਕ ਮੌਤੇ ਮਾਰਦਾ ਰਹਿੰਦਾ ਹੈ)।
44021	1029	ਇਨਿ ਦੁਬਿਧਾ ਘਰ ਬਹੁਤੇ ਗਾਲੇ॥	ਗਾਲੇ: ਪੋਲਾ ਬੋਲੋ	Ein Dhubidhhaa Ghar Bahuthae Gaalae ||	This duality has ruined so many homes.	ਇਸ ਨੇ ਦੁਬਿਧਾ ਵਿਚ ਪਾ ਕੇ ਅਨੇਕਾਂ ਘਰ ਗਾਲ ਦਿੱਤੇ ਹਨ (ਮੋਹ ਨੇ ਪ੍ਰਭੂ ਤੋਂ ਬਿਨਾ ਹੋਰ ਹੋਰ ਆਸਰੇ ਦੀ ਝਾਕ ਵਿਚ ਪੈ ਕੇ ਅਨੇਕਾਂ ਜੀਵਨ ਬਰਬਾਦ ਕਰ ਦਿੱਤੇ ਹਨ)।
44022	1029	ਸਤਿਗੁਰ ਬਾਝਹੁ ਪ੍ਰੀਤਿ ਨ ਉਪਜੈ ਭਗਤਿ ਰਤੇ ਪਤੀਆਰਾ ਹੇ॥੧੩॥		Sathigur Baajhahu Preeth N Oupajai Bhagath Rathae Patheeaaraa Hae ||13||	Without the True Guru, love does not well up. Imbued with devotional worship, the soul is satisfied. ||13||	ਗੁਰੂ ਤੋਂ ਬਿਨਾ ਮਨੁੱਖ ਦੇ ਹਿਰਦੇ ਵਿਚ ਪ੍ਰਭੂ-ਚਰਨਾਂ ਵਿਚ ਪ੍ਰੀਤ ਪੈਦਾ ਨਹੀਂ ਹੁੰਦੀ। ਜੇਹੜੇ ਮਨੁੱਖ (ਗੁਰੂ ਦੀ ਰਾਹੀਂ) ਪਰਮਾਤਮਾ ਦੇ ਭਗਤ-ਰੰਗ ਵਿਚ ਰੰਗੇ ਜਾਂਦੇ ਹਨ ਉਹਨਾਂ ਦਾ ਮਨ ਪ੍ਰਭੂ ਦੀ ਯਾਦ ਵਿਚ ਖ਼ੁਸ਼ ਰਹਿੰਦਾ ਹੈ ॥੧੩॥
44023	1029	ਸਾਕਤ ਮਾਇਆ ਕਉ ਬਹੁ ਧਾਵਹਿ॥		Saakath Maaeiaa Ko Bahu Dhhaavehi ||	The faithless cynics chase after Maya.	ਮਾਇਆ-ਵੇੜ੍ਹੇ ਜੀਵ ਮਾਇਆ ਇਕੱਠੀ ਕਰਨ ਦੀ ਖ਼ਾਤਰ ਬਹੁਤ ਭੱਜ-ਦੌੜ ਕਰਦੇ ਹਨ,
44024	1029	ਨਾਮੁ ਵਿਸਾਰਿ ਕਹਾ ਸੁਖੁ ਪਾਵਹਿ॥		Naam Visaar Kehaa Sukh Paavehi ||	Forgetting the Naam, how can they find peace?	(ਕਿਉਂਕਿ ਉਹ ਇਸੇ ਵਿਚ ਸੁਖ ਲੱਭਣ ਦੀ ਆਸ ਰੱਖਦੇ ਹਨ) ਪਰ ਪਰਮਾਤਮਾ ਦਾ ਨਾਮ ਭੁਲਾ ਕੇ ਆਤਮਕ ਆਨੰਦ ਕਿੱਥੋਂ ਲੈ ਸਕਦੇ ਹਨ?

44025	1029	ਤ੍ਰਿਹੁ ਗੁਣ ਅੰਤਰਿ ਖਪਹਿ ਖਪਾਵਹਿ ਨਾਹੀ ਪਾਰਿ ਉਤਾਰਾ ਹੇ॥੧੪॥		Thrihu Gun Anthar Khapehi Khapaavehi Naahee Paar Outhaaraa Hae ||14||	In the three qualities, they are destroyed; they cannot cross over to the other side. ||14||	ਉਹ ਮਾਇਆ ਦੇ ਤਿੰਨਾਂ ਗੁਣਾਂ ਵਿਚ ਹੀ ਫਸੇ ਰਹਿ ਕੇ ਦੁਖੀ ਹੁੰਦੇ ਹਨ (ਹੋਰਨਾਂ ਨੂੰ ਭੀ) ਦੁਖੀ ਕਰਦੇ ਹਨ। ਦੁੱਖਾਂ ਦੇ ਇਸ ਸਮੁੰਦਰ ਵਿਚੋਂ ਉਹ ਪਾਰਲੇ ਬੰਨੇ ਨਹੀਂ ਪਹੁੰਚ ਸਕਦੇ ॥੧੪॥
44026	1029	ਕੂਕਰ ਸੂਕਰ ਕਹੀਅਹਿ ਕੂੜਿਆਰਾ॥	ਕਹੀ-ਅਹਿ	Kookar Sookar Keheeahi Koorriaaraa ||	The false are called pigs and dogs.	ਨਿਰੇ ਕੂੜ ਦੇ ਵਪਾਰੀ ਬੰਦੇ (ਵੇਖਣ ਨੂੰ ਤਾਂ ਮਨੁੱਖ ਹਨ, ਪਰ ਅਸਲ ਵਿਚ ਉਹ) ਕੁੱਤੇ ਤੇ ਸੂਰ ਹੀ (ਆਪਣੇ ਆਪ ਨੂੰ) ਅਖਵਾਂਦੇ ਹਨ,
44027	1029	ਭਉਕਿ ਮਰਹਿ ਭਉ ਭਉ ਭਉਹਾਰਾ॥	ਕੁੱਤੇ ਵਾਂਗ ਕ੍ਰੋਧ, ਹੰਕਾਰ, ਵਿਕਾਰ ਦੇ ਕੌੜੇ ਬਚਨ ਭਉਕਿ-ਭਉਕਿ ਕੇ, ਜਮ ਪੁਰੀ ਜੂਨਾਂ ਚ (ਭਉਂ ਭਉਂ) ਘੁੰਮ-ਘੁੰਮ ਕੇ, (ਭਉਹਾਰਾ) ਭੈਭੀਤ ਹੋ ਕੇ, ਬਾਰ-ਬਾਰ ਮਰਹਿ ਮਰਦਾ ਹੈ	Bhouk Marehi Bho Bho Bho Haaraa ||	They bark themselves to death; they bark and bark and howl in fear.	(ਕਿਉਂਕਿ ਕੁੱਤਿਆਂ ਤੇ ਸੂਰਾਂ ਵਾਂਗ ਮਾਇਆ ਦੀ ਖ਼ਾਤਰ) ਭੌਂਕ ਭੌਂਕ ਕੇ ਆਤਮਕ ਮੌਤ ਸਹੇੜ ਲੈਂਦੇ ਹਨ, ਸਾਰੀ ਉਮਰ ਭਟਕਦੇ ਭਟਕਦੇ ਥੱਕ ਟੁੱਟ ਜਾਂਦੇ ਹਨ।
44028	1029	ਮਨਿ ਤਨਿ ਝੂਠੇ ਕੂੜੁ ਕਮਾਵਹਿ ਦੁਰਮਤਿ ਦਰਗਹ ਹਾਰਾ ਹੇ॥੧੫॥		Man Than Jhoothae Koorr Kamaavehi Dhuramath Dharageh Haaraa Hae ||15||	False in mind and body, they practice falsehood; through their evil-mindedness, they lose out in the Court of the Lord. ||15||	ਉਹਨਾਂ ਦੇ ਮਨ ਵਿਚ ਮਾਇਆ ਦਾ ਮੋਹ, ਉਹਨਾਂ ਦੇ ਸਰੀਰ ਵਿਚ ਮਾਇਆ ਦਾ ਮੋਹ, ਸਾਰੀ ਉਮਰ ਉਹ ਮੋਹ ਦੀ ਕਮਾਈ ਹੀ ਕਰਦੇ ਹਨ। ਇਸ ਭੈੜੀ ਮੱਤੇ ਲੱਗ ਕੇ ਪਰਮਾਤਮਾ ਦੀ ਦਰਗਾਹ ਵਿਚ ਉਹ ਜੀਵਨ-ਬਾਜ਼ੀ ਹਾਰ ਜਾਂਦੇ ਹਨ ॥੧੫॥

44029	1029	ਸਤਿਗੁਰੁ ਮਿਲੈ ਤ ਮਨੂਆ ਟੇਕੈ॥		Sathigur Milai Th Manooaa Ttaekai ||	Meeting the True Guru, the mind is stabilized.	ਜੇ ਸਤਿਗੁਰੂ ਮਿਲ ਪਏ ਤਾਂ ਉਹ ਮਨੁੱਖ ਦੇ (ਡੋਲਦੇ) ਮਨ ਨੂੰ ਸਹਾਰਾ ਦੇਂਦਾ ਹੈ।
44030	1029	ਰਾਮ ਨਾਮੁ ਦੇ ਸਰਣਿ ਪਰੇਕੈ॥	(ਪਰੇ) ਕੈਪੈ ਕੇ	Raam Naam Dhae Saran Paraekai ||	One who seeks His Sanctuary is blessed with the Lord's Name.	ਉਹ ਸਰਨ ਪਏ ਮਨੁੱਖ ਨੂੰ ਪਰਮਾਤਮਾ ਦਾ ਨਾਮ (ਧਨ) ਦਿੰਦਾ ਹੈ।
44031	1029	ਹਰਿ ਧਨੁ ਨਾਮੁ ਅਮੋਲਕੁ ਦੇਵੈ ਹਰਿ ਜਸੁ ਦਰਗਹ ਪਿਆਰਾ ਹੇ॥੧੬॥		Har Dhhan Naam Amolak Dhaevai Har Jas Dharageh Piaaraa Hae ||16||	They are given the priceless wealth of the Lord's Name; singing His Praises, they are His beloveds in His court. ||16||	ਗੁਰੂ ਉਸ ਨੂੰ ਪਰਮਾਤਮਾ ਦਾ ਨਾਮ-ਰੂਪ (ਅਜਿਹਾ) ਕੀਮਤੀ ਧਨ ਦੇਂਦਾ ਹੈ, ਪਰਮਾਤਮਾ ਦੀ ਸਿਫ਼ਤ-ਸਾਲਾਹ (ਦੀ ਦਾਤਿ) ਦੇਂਦਾ ਹੈ (ਜਿਸ ਦੀ ਬਰਕਤਿ ਨਾਲ ਉਸ ਨੂੰ) ਪ੍ਰਭੂ ਦੀ ਦਰਗਾਹ ਵਿਚ ਆਦਰ-ਪਿਆਰ ਮਿਲਦਾ ਹੈ ॥੧੬॥
44032	1030	ਰਾਮ ਨਾਮੁ ਸਾਧੂ ਸਰਣਾਈ॥		Raam Naam Saadhhoo Saranaaee ||	In the Sanctuary of the Holy, chant the Lord's Name.	ਗੁਰੂ ਦੀ ਸਰਨ ਪਿਆਂ ਪਰਮਾਤਮਾ ਦਾ ਨਾਮ ਮਿਲਦਾ ਹੈ।
44033	1030	ਸਤਿਗੁਰ ਬਚਨੀ ਗਤਿ ਮਿਤਿ ਪਾਈ॥		Sathigur Bachanee Gath Mith Paaee ||	Through the True Guru's Teachings, one comes to know His state and extent.	ਗੁਰੂ ਦੇ ਬਚਨਾਂ ਤੇ ਤੁਰਿਆਂ ਇਹ ਸਮਝ ਆ ਜਾਂਦੀ ਹੈ ਕਿ ਪਰਮਾਤਮਾ ਕਿਹੋ ਜਿਹਾ (ਦਇਆਲ) ਹੈ ਤੇ ਕੇਡਾ ਵੱਡਾ (ਬੇਅੰਤ) ਹੈ।
44034	1030	ਨਾਨਕ ਹਰਿ ਜਪਿ ਹਰਿ ਮਨ ਮੇਰੇ ਹਰਿ ਮੇਲੇ ਮੇਲਣਹਾਰਾ ਹੇ॥੧੭॥੩॥੯॥		Naanak Har Jap Har Man Maerae Har Maelae Maelanehaaraa Hae ||17||3||9||	Nanak: chant the Name of the Lord, Har, Har, O my mind; the Lord, the Uniter, shall unite you with Himself. ||17||3||9||	ਹੇ ਨਾਨਕ! (ਆਪਣੇ ਮਨ ਨੂੰ ਸਮਝਾ) ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਜਪ (ਨਾਮ ਜਪਣ ਵਾਲੇ ਵਡ-ਭਾਗੀ ਨੂੰ) ਮੇਲਣਹਾਰ ਪ੍ਰਭੂ ਆਪਣੇ ਚਰਣਾਂ ਵਿਚ ਮਿਲਾ ਲੈਂਦਾ ਹੈ ॥੧੭॥੩॥੯॥

44035	1030	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
44036	1030	ਘਰਿ ਰਹੁ ਰੇ ਮਨ ਮੁਗਧ ਇਆਨੇ॥		Ghar Rahu Rae Man Mugadhh Eiaanae ||	Remain in your own home, O my foolish and ignorant mind.	ਹੇ ਅੰਞਾਣ ਮੂਰਖ ਮਨ! ਅਡੋਲਤਾ ਵਿਚ ਟਿਕਿਆ ਰਹੁ।
44037	1030	ਰਾਮੁ ਜਪਹੁ ਅੰਤਰਗਤਿ ਧਿਆਨੇ॥		Raam Japahu Antharagath Dhhiaanae ||	Meditate on the Lord - concentrate deep within your being and meditate on Him.	ਆਪਣੇ ਅੰਦਰ ਹੀ ਟਿਕਿਆ ਰਹਿ ਕੇ ਤੇ ਸੁਰਤ ਜੋੜ ਕੇ ਪ੍ਰਭੂ ਦਾ ਨਾਮ ਜਪ।
44038	1030	ਲਾਲਚ ਛੋਡਿ ਰਚਹੁ ਅਪਰੰਪਰਿ ਇਉ ਪਾਵਹੁ ਮੁਕਤਿ ਦੁਆਰਾ ਹੇ॥੧॥		Laalach Shhodd Rachahu Aparanpar Eio Paavahu Mukath Dhuaaraa Hae ||1||	Renounce your greed, and merge with the infinite Lord. In this way, you shall find the door of liberation. ||1||	(ਹੇ ਮਨ! ਮਾਇਆ ਦਾ) ਲਾਲਚ ਛੱਡ ਕੇ ਉਸ ਪ੍ਰਭੂ ਵਿਚ ਲੀਨ ਰਹੁ ਜੋ ਪਰੇ ਤੋਂ ਪਰੇ ਹੈ (ਜਿਸ ਤੋਂ ਅਗਾਂਹ ਕੋਈ ਹੋਰ ਹਸਤੀ ਨਹੀਂ ਹੈ)। ਇਸੇ ਤਰ੍ਹਾਂ ਤੂੰ (ਮਾਇਆ ਦੇ ਲਾਲਚ ਤੋਂ) ਖ਼ਲਾਸੀ ਪਾਣ ਦਾ ਰਸਤਾ ਲੱਭ ਲਏਂਗਾ ॥੧॥
44039	1030	ਜਿਸੁ ਬਿਸਰਿਐ ਜਮੁ ਜੋਹਣਿ ਲਾਗੈ॥		Jis Bisariai Jam Johan Laagai ||	If you forget Him, the Messenger of Death will catch sight of you.	ਜਿਸ ਪ੍ਰਭੂ ਦੇ ਭੁੱਲ ਜਾਣ ਨਾਲ ਮੌਤ ਘੂਰਨ ਲੱਗ ਪੈਂਦੀ ਹੈ,
44040	1030	ਸਭਿ ਸੁਖ ਜਾਹਿ ਦੁਖਾ ਫੁਨਿ ਆਗੈ॥		Sabh Sukh Jaahi Dhukhaa Fun Aagai ||	All peace will be gone, and you will suffer in pain in the world hereafter.	ਸਾਰੇ ਸੁਖ ਦੂਰ ਹੋ ਜਾਂਦੇ ਹਨ ਤੇ ਉਹਨਾਂ ਦੇ ਥਾਂ ਜੀਵਨ-ਪੰਧ ਵਿਚ ਦੁੱਖ ਹੀ ਦੁੱਖ ਵਾਪਰਦੇ ਹਨ,

44041	1030	ਰਾਮ ਨਾਮੁ ਜਪਿ ਗੁਰਮੁਖਿ ਜੀਅੜੇ ਏਹੁ ਪਰਮ ਤਤੁ ਵੀਚਾਰਾ ਹੇ॥੨॥		Raam Naam Jap Guramukh Jeearrae Eaehu Param Thath Veechaaraa Hae ||2||	Chant the Name of the Lord as Gurmukh, O my soul; this is the supreme essence of contemplation. ||2||	ਹੇ ਜਿੰਦੇ! ਗੁਰੂ ਦੀ ਸਰਨ ਪੈ ਕੇ ਉਸ ਪ੍ਰਭੂ ਦਾ ਨਾਮ ਜਪ, ਤੇ ਉਸ ਜਗਤ ਦੇ ਮੂਲ ਪ੍ਰਭੂ ਨੂੰ ਆਪਣੇ ਸੋਚ ਦੇ ਮੰਡਲ ਵਿਚ ਟਿਕਾ ਰੱਖ ॥੨॥
44042	1030	ਹਰਿ ਹਰਿ ਨਾਮੁ ਜਪਹੁ ਰਸੁ ਮੀਠਾ॥		Har Har Naam Japahu Ras Meethaa ||	Chant the Name of the Lord, Har, Har, the sweetest essence.	ਹੇ ਜਿੰਦੇ! ਸਦਾ ਪਰਮਾਤਮਾ ਦਾ ਨਾਮ ਜਪ (ਜਪਿਆਂ ਹੀ ਸਮਝ ਪਏਗੀ ਕਿ ਨਾਮ ਜਪਣ ਦਾ) ਮਿੱਠਾ ਸੁਆਦ ਹੈ।
44043	1030	ਗੁਰਮੁਖਿ ਹਰਿ ਰਸੁ ਅੰਤਰਿ ਡੀਠਾ॥		Guramukh Har Ras Anthar Ddeethaa ||	As Gurmukh, see the essence of the Lord deep within.	ਗੁਰੂ ਦੀ ਸਰਨ ਪੈ ਕੇ ਇਹ ਨਾਮ-ਰਸ ਆਪਣੇ ਅੰਦਰ ਹੀ ਅਨੁਭਵ ਕਰ ਸਕੀਦਾ ਹੈ।
44044	1030	ਅਹਿ ਨਿਸਿ ਰਾਮ ਰਹਹੁ ਰੰਗਿ ਰਾਤੇ ਏਹੁ ਜਪੁ ਤਪੁ ਸੰਜਮੁ ਸਾਰਾ ਹੇ॥੩॥		Ahinis Raam Rehahu Rang Raathae Eaehu Jap Thap Sanjam Saaraa Hae ||3||	Day and night, remain imbued with the Lord's Love. This is the essence of all chanting, deep meditation and self-discipline. ||3||	ਦਿਨ ਰਾਤ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਰਹੋ, ਇਹ ਨਾਮ-ਰੰਗ ਹੀ ਸ੍ਰੇਸ਼ਟ ਤਪ ਹੈ, ਸ੍ਰੇਸ਼ਟ ਤਪ ਹੈ, ਸ੍ਰੇਸ਼ਟ ਸੰਜਮ ਹੈ ॥੩॥
44045	1030	ਰਾਮ ਨਾਮੁ ਗੁਰ ਬਚਨੀ ਬੋਲਹੁ॥		Raam Naam Gur Bachanee Bolahu ||	Speak the Guru's Word, and the Name of the Lord.	ਗੁਰੂ ਦੀ ਬਾਣੀ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰੋ,

44046	1030	ਸੰਤ ਸਭਾ ਮਹਿ ਇਹੁ ਰਸੁ ਟੋਲਹੁ॥	ਸਭਾ: ਪੋਲਾ ਬੋਲੋ	Santh Sabhaa Mehi Eihu Ras Ttolahu ||	In the Society of the Saints, search for this essence.	(ਆਤਮਕ ਆਨੰਦ ਮਿਲੇਗਾ, ਪਰ ਇਹ ਆਨੰਦ ਸਾਧ ਸੰਗਤ ਵਿਚ ਪ੍ਰਾਪਤ ਹੁੰਦਾ ਹੈ) ਸਾਧ ਸੰਗਤ ਵਿਚ ਜਾ ਕੇ ਇਸ ਆਨੰਦ ਦੀ ਭਾਲ ਕਰੋ।
44047	1030	ਗੁਰਮਤਿ ਖੋਜਿ ਲਹਹੁ ਘਰੁ ਅਪਨਾ ਬਹੁੜਿ ਨ ਗਰਭ ਮਝਾਰਾ ਹੇ॥੪॥		Guramath Khoj Lehahu Ghar Apanaa Bahurr N Garabh Majhaaraa Hae ||4||	Follow the Guru's Teachings - seek and find the home of your own self, and you shall never be consigned to the womb of reincarnation again. ||4||	ਗੁਰੂ ਦੀ ਮੱਤ ਤੇ ਤੁਰ ਕੇ ਆਪਣਾ ਉਹ ਆਤਮਕ ਟਿਕਾਣਾ ਲੱਭੋ ਜਿਥੇ ਪਹੁੰਚ ਕੇ ਮੁੜ ਜਨਮ ਮਰਨ ਦੇ ਗੇੜ ਵਿਚ ਨਾਹ ਪੈਣਾ ਪਏ ॥੪॥
44048	1030	ਸਚੁ ਤੀਰਥਿ ਨਾਵਹੁ ਹਰਿ ਗੁਣ ਗਾਵਹੁ॥	ਨ੍ਹਾਵਹੁ	Sach Theerathh Naavahu Har Gun Gaavahu ||	Bathe at the sacred shrine of Truth, and sing the Glorious Praises of the Lord.	ਸਦਾ-ਥਿਰ ਪ੍ਰਭੂ ਦਾ ਨਾਮ (ਸਿਮਰੋ), ਪਰਮਾਤਮਾ ਦੇ ਗੁਣ ਗਾਵੋ (ਇਹੀ ਹੈ ਤੀਰਥ-ਇਸ਼ਨਾਨ, ਇਸ) ਤੀਰਥ ਉਤੇ ਇਸ਼ਨਾਨ ਕਰੋ।
44049	1030	ਤਤੁ ਵੀਚਾਰਹੁ ਹਰਿ ਲਿਵ ਲਾਵਹੁ॥		Thath Veechaarahu Har Liv Laavahu ||	Reflect upon the essence of reality, and lovingly focus your consciousness on the Lord.	ਪਰਮਾਤਮਾ ਦੇ ਚਰਨਾਂ ਵਿਚ ਸੁਰਤ ਜੋੜੋ, ਪਰਮਾਤਮਾ ਦੇ ਗੁਣਾਂ ਨੂੰ ਵਿਚਾਰੋ।

44050	1030	ਅੰਤ ਕਾਲਿ ਜਮੁ ਜੋਹਿ ਨ ਸਾਕੈ ਹਰਿ ਬੋਲਹੁ ਰਾਮੁ ਪਿਆਰਾ ਹੇ॥੫॥		Anth Kaal Jam Johi N Saakai Har Bolahu Raam Piaaraa Hae ||5||	At the very last moment, the Messenger of Death will not be able to touch you, if you chant the Name of the Beloved Lord. ||5||	ਪਿਆਰੇ ਪ੍ਰਭੂ ਦਾ ਨਾਮ ਸਿਮਰੋ, ਅਖ਼ੀਰਲੇ ਸਮੇ ਮੌਤ ਦਾ ਡਰ ਪੋਹ ਨਹੀਂ ਸਕੇਗਾ ॥੫॥
44051	1030	ਸਤਿਗੁਰੁ ਪੁਰਖੁ ਦਾਤਾ ਵਡ ਦਾਣਾ॥		Sathigur Purakh Dhaathaa Vadd Dhaanaa ||	The True Guru, the Primal Being, the Great Giver, is all-knowing.	ਗੁਰੂ ਅਕਾਲ ਪੁਰਖ (ਦਾ ਰੂਪ) ਹੈ, ਸਭ ਦਾਤਾਂ ਦੇਣ ਦੇ ਸਮਰੱਥ ਹੈ, ਬੜਾ ਸਿਆਣਾ ਹੈ,
44052	1030	ਜਿਸੁ ਅੰਤਰਿ ਸਾਚੁ ਸੁ ਸਬਦਿ ਸਮਾਣਾ॥		Jis Anthar Saach S Sabadh Samaanaa ||	Whoever has Truth within himself, merges in the Word of the Shabad.	ਉਸ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਸਦਾ ਵੱਸਦਾ ਹੈ, ਉਹ ਪਰਮਾਤਮਾ ਦੀ ਸਿਫ਼ਤ-ਸਾਲਾਹ ਵਿਚ ਸਦਾ ਲੀਨ ਰਹਿੰਦਾ ਹੈ।
44053	1030	ਜਿਸ ਕਉ ਸਤਿਗੁਰੁ ਮੇਲਿ ਮਿਲਾਏ ਤਿਸੁ ਚੂਕਾ ਜਮ ਕੈ ਭਾਰਾ ਹੇ॥੬॥		Jis Ko Sathigur Mael Milaaeae This Chookaa Jam Bhai Bhaaraa Hae ||6||	One whom the True Guru unites in Union, is rid of the overpowering fear of death. ||6||	ਉਹ ਗੁਰੂ ਜਿਸ ਮਨੁੱਖ ਨੂੰ ਆਪਣੀ ਸੰਗਤ ਵਿਚ ਮਿਲਾਂਦਾ ਹੈ ਉਸ (ਦੇ ਸਿਰ) ਤੋਂ ਜਮਾਂ ਦੇ ਡਰ ਦਾ ਭਾਰ ਦੂਰ ਹੋ ਜਾਂਦਾ ਹੈ ॥੬॥
44054	1030	ਪੰਚ ਤਤੁ ਮਿਲਿ ਕਾਇਆ ਕੀਨੀ॥		Panch Thath Mil Kaaeiaa Keenee ||	The body is formed from the union of the five elements.	(ਆਪਣੇ) ਇਸ ਸਰੀਰ ਵਿਚ, ਜੋ ਪਰਮਾਤਮਾ ਨੇ ਪੰਜ (ਵਿਰੋਧੀ) ਤੱਤ ਰਲਾ ਕੇ ਬਣਾਇਆ ਹੈ,

44055	1030	ਤਿਸ ਮਹਿ ਰਾਮ ਰਤਨੁ ਲੈ ਚੀਨੀ॥		This Mehi Raam Rathan Lai Cheenee ||	Know that the Lord's jewel is within it.	ਪਰਮਾਤਮਾ ਦਾ ਨਾਮ-ਰਤਨ ਖੋਜ ਕੇ ਲੱਭ ਲੈ।
44056	1030	ਆਤਮ ਰਾਮੁ ਰਾਮੁ ਹੈ ਆਤਮ ਹਰਿ ਪਾਈਐ ਸਬਦਿ ਵੀਚਾਰਾ ਹੇ॥੭॥		Aatham Raam Raam Hai Aatham Har Paaeeai Sabadh Veechaaraa Hae ||7||	The soul is the Lord, and the Lord is the soul; contemplating the Shabad, the Lord is found. ||7||	(ਜਿਉਂ ਜਿਉਂ) ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰ ਕਰੀਏ, (ਤਿਉਂ ਤਿਉਂ ਇਹ ਸਮਝ ਆ ਜਾਂਦੀ ਹੈ ਕਿ) ਆਤਮਾ ਤੇ ਪਰਮਾਤਮਾ ਇਕ-ਰੂਪ ਹਨ ॥੭॥
44057	1030	ਸਤ ਸੰਤੋਖਿ ਰਹਹੁ ਜਨ ਭਾਈ॥		Sath Santhokh Rehahu Jan Bhaaee ||	Abide in truth and contentment, O humble Siblings of Destiny.	ਹੇ ਭਾਈ ਜਨੋ! ਸੇਵਾ ਤੇ ਸੰਤੋਖ ਵਿਚ ਜੀਵਨ ਬਿਤਾਵੋ।
44058	1030	ਖਿਮਾ ਗਹਹੁ ਸਤਿਗੁਰ ਸਰਣਾਈ॥		Khimaa Gehahu Sathigur Saranaaee ||	Hold tight to compassion and the Sanctuary of the True Guru.	ਗੁਰੂ ਦੀ ਸਰਨ ਪੈ ਕੇ ਦੂਜਿਆਂ ਦੀ ਵਧੀਕੀ ਸਹਾਰਨ ਦਾ ਗੁਣ ਗ੍ਰਹਣ ਕਰੋ।
44059	1030	ਆਤਮੁ ਚੀਨਿ ਪਰਾਤਮੁ ਚੀਨਹੁ ਗੁਰ ਸੰਗਤਿ ਇਹੁ ਨਿਸਤਾਰਾ ਹੇ॥੮॥		Aatham Cheen Paraatham Cheenahu Gur Sangath Eihu Nisathaaraa Hae ||8||	Know your soul, and know the Supreme Soul; associating with the Guru, you shall be emancipated. ||8||	ਆਪਣੇ ਆਤਮਾ ਨੂੰ ਪਛਾਣ ਕੇ ਦੂਜਿਆਂ ਦੇ ਆਤਮਾ ਨੂੰ ਭੀ ਪਛਾਣੋ। ਗੁਰੂ ਦੀ ਸੰਗਤ ਵਿਚ ਰਿਹਾਂ ਇਹ ਨਿਰਨਾ ਆਉਂਦਾ ਹੈ ॥੮॥
44060	1030	ਸਾਕਤ ਕੂੜ ਕਪਟ ਮਹਿ ਟੇਕਾ॥		Saakath Koorr Kapatt Mehi Ttaekaa ||	The faithless cynics are stuck in falsehood and deceit.	ਮਾਇਆ-ਵੇੜ੍ਹੇ ਬੰਦੇ ਮਾਇਆ ਦੇ ਮੋਹ ਵਿਚ ਤੇ ਛਲ ਵਿਚ (ਆਪਣੇ ਜੀਵਨ ਦਾ) ਆਸਰਾ (ਭਾਲਦੇ ਹਨ),

44061	1030	ਅਹਿ ਨਿਸਿ ਨਿੰਦਾ ਕਰਹਿ ਅਨੇਕਾ॥		Ahinis Nindhaa Karehi Anaekaa ||	Day and night, they slander many others.	ਉਹ ਦਿਨ ਰਾਤ ਅਨੇਕਾਂ ਕਿਸਮਾਂ ਦੀ ਪਰਾਈ ਨਿੰਦਾ ਕਰਦੇ ਰਹਿੰਦੇ ਹਨ।
44062	1030	ਬਿਨੁ ਸਿਮਰਨ ਆਵਹਿ ਫੁਨਿ ਜਾਵਹਿ ਗ੍ਰਭ ਜੋਨੀ ਨਰਕ ਮਝਾਰਾ ਹੇ॥੯॥		Bin Simaran Aavehi Fun Jaavehi Grabh Jonee Narak Majhaaraa Hae ||9||	Without meditative remembrance, they come and then go, and are cast into the hellish womb of reincarnation. ||9||	ਸਿਮਰਨ ਤੋਂ ਵਾਂਝੇ ਰਹਿ ਕੇ ਉਹ (ਇਸ ਨਿੰਦਾ ਆਦਿਕ ਦੇ ਕੁਰਾਹੇ ਪੈ ਕੇ) ਜਨਮ ਮਰਨ ਦੇ ਗੇੜ ਵਿਚ ਪੈ ਜਾਂਦੇ ਹਨ, ਗਰਭ-ਜੂਨ ਦੇ ਨਰਕਾਂ ਵਿਚ ਪੈਂਦੇ ਹਨ ॥੯॥
44063	1030	ਸਾਕਤ ਜਮ ਕੀ ਕਾਣਿ ਨ ਚੂਕੈ॥		Saakath Jam Kee Kaan N Chookai ||	The faithless cynic is not rid of his fear of death.	ਮਾਇਆ-ਵੇੜ੍ਹੇ ਜੀਵਾਂ ਦੇ ਅੰਦਰੋਂ ਜਮ ਦਾ ਡਰ ਦੂਰ ਨਹੀਂ ਹੁੰਦਾ,
44064	1030	ਜਮ ਕਾ ਡੰਡੁ ਨ ਕਬਹੂ ਮੂਕੈ॥		Jam Kaa Ddandd N Kabehoo Mookai ||	The Messenger of Death's club is never taken away.	ਜਮ ਦੀ ਸਜ਼ਾ ਉਹਨਾਂ ਦੇ ਸਿਰ ਤੋਂ ਨਹੀਂ ਟਲਦੀ।
44065	1030	ਬਾਕੀ ਧਰਮਰਾਇ ਕੀ ਲੀਜੈ ਸਿਰਿ ਅਫਰਿਓ ਭਾਰੁ ਅਫਾਰਾ ਹੇ॥੧੦॥	ਅ-ਫਰਿਓ, ਅਤੋਲ	Baakee Dhharam Raae Kee Leejai Sir Afariou Bhaar Afaaraa Hae ||10||	He has to answer to the Righteous Judge of Dharma for the account of his actions; the egotistical being carries the unbearable load. ||10||	ਅਹੰਕਾਰੀਆਂ ਦੇ ਸਿਰ ਉਤੇ (ਵਿਕਾਰਾਂ ਦਾ) ਅਸਹਿ ਭਾਰ ਟਿਕਿਆ ਰਹਿੰਦਾ ਹੈ (ਇਹ, ਮਾਨੋ, ਉਹਨਾਂ ਦੇ ਸਿਰ ਉਤੇ ਕਰਜ਼ਾ ਹੈ) ਧਰਮਰਾਜ ਦੇ ਇਸ ਕਰਜ਼ੇ ਦਾ ਲੇਖਾ ਉਹਨਾਂ ਪਾਸੋਂ ਲਿਆ ਹੀ ਜਾਂਦਾ ਹੈ ॥੧੦॥

44066	1030	ਬਿਨੁ ਗੁਰ ਸਾਕਤੁ ਕਹਹੁ ਕੋ ਤਰਿਆ॥		Bin Gur Saakath Kehahu Ko Thariaa ||	Tell me: without the Guru, what faithless cynic has been saved?	ਗੁਰੂ ਦੀ ਸਰਨ ਤੋਂ ਬਿਨਾ ਕੋਈ ਭੀ ਮਾਇਆ-ਵੇੜ੍ਹਿਆ ਬੰਦਾ (ਮਾਇਆ-ਮੋਹ ਦੇ ਸਮੁੰਦਰ ਤੋਂ) ਪਾਰ ਨਹੀਂ ਲੰਘ ਸਕਦਾ।
44067	1030	ਹਉਮੈ ਕਰਤਾ ਭਵਜਲਿ ਪਰਿਆ॥		Houmai Karathaa Bhavajal Pariaa ||	Acting egotistically, he falls into the terrifying world-ocean.	(ਮਾਇਆ ਦੀ ਮਸਤੀ ਦੇ ਕਾਰਨ ਉਹ) 'ਹਉ ਹਉ ਮੈਂ ਮੈਂ' ਕਰਦਾ ਸੰਸਾਰ-ਸਮੁੰਦਰ ਵਿਚ ਡੁੱਬਾ ਰਹਿੰਦਾ ਹੈ।
44068	1030	ਬਿਨੁ ਗੁਰ ਪਾਰੁ ਨ ਪਾਵੈ ਕੋਈ ਹਰਿ ਜਪੀਐ ਪਾਰਿ ਉਤਾਰਾ ਹੇ॥੧੧॥		Bin Gur Paar N Paavai Koee Har Japeeai Paar Outhaaraa Hae ||11||	Without the Guru, no one is saved; meditating on the Lord, they are carried across to the other side. ||11||	ਗੁਰੂ ਤੋਂ ਬਿਨਾ ਕੋਈ ਮਨੁੱਖ (ਇਸ ਸਮੁੰਦਰ ਦਾ) ਪਾਰਲਾ ਬੰਨਾ ਨਹੀਂ ਲੱਭ ਸਕਦਾ। ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ, (ਨਾਮ ਜਪਿਆਂ ਹੀ) ਪਾਰਲੇ ਕੰਢੇ ਪਹੁੰਚ ਸਕੀਦਾ ਹੈ ॥੧੧॥
44069	1030	ਗੁਰ ਕੀ ਦਾਤਿ ਨ ਮੇਟੈ ਕੋਈ॥		Gur Kee Dhaath N Maettai Koee ||	No one can erase the Guru's blessings.	ਕੋਈ ਆਦਮੀ ਗੁਰੂ ਦੀ ਇਸ ਬਖ਼ਸ਼ਸ਼ ਦੇ ਰਾਹ ਵਿਚ ਰੁਕਾਵਟ ਨਹੀਂ ਪਾ ਸਕਦਾ।
44070	1030	ਜਿਸੁ ਬਖਸੇ ਤਿਸੁ ਤਾਰੇ ਸੋਈ॥		Jis Bakhasae This Thaarae Soee ||	The Lord carries across those whom He forgives.	ਜਿਸ ਮਨੁੱਖ ਉਤੇ ਗੁਰੂ ਬਖ਼ਸ਼ਸ਼ ਕਰਦਾ ਹੈ ਉਸ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ।

44071	1030	ਜਨਮ ਮਰਣ ਦੁਖੁ ਨੇੜਿ ਨ ਆਵੈ ਮਨਿ ਸੋ ਪ੍ਰਭੁ ਅਪਰ ਅਪਾਰਾ ਹੇ॥੧੨॥		Janam Maran Dhukh Naerr N Aavai Man So Prabh Apar Apaaraa Hae ||12||	The pains of birth and death do not even approach those whose minds are filled with God, the infinite and endless. ||12||	(ਗੁਰੂ ਦੀ ਮੇਹਰ ਨਾਲ) ਜਿਸ ਮਨੁੱਖ ਦੇ ਮਨ ਵਿਚ ਉਹ ਅਪਰ ਅਪਾਰ ਪ੍ਰਭੂ ਆ ਵੱਸਦਾ ਹੈ ਜਨਮ ਮਰਨ ਦਾ ਦੁੱਖ ਉਸ ਦੇ ਨੇੜੇ ਨਹੀਂ ਢੁਕਦਾ ॥੧੨॥
44072	1030	ਗੁਰ ਤੇ ਭੂਲੇ ਆਵਹੁ ਜਾਵਹੁ॥		Gur Thae Bhoolae Aavahu Jaavahu ||	Those who forget the Guru come and go in reincarnation.	ਜੇ ਗੁਰੂ ਦੇ ਦਰ ਤੋਂ ਖੁੰਝੇ ਰਹੋਗੇ ਤਾਂ (ਸੰਸਾਰ ਵਿਚ ਮੁੜ ਮੁੜ) ਜੰਮਦੇ ਮਰਦੇ ਰਹੋਗੇ,
44073	1030	ਜਨਮਿ ਮਰਹੁ ਫੁਨਿ ਪਾਪ ਕਮਾਵਹੁ॥		Janam Marahu Fun Paap Kamaavahu ||	They are born, only to die again, and continue committing sins.	ਜਨਮ ਮਰਨ ਦੇ ਗੇੜ ਵਿਚ ਪਏ ਰਹੋਗੇ ਤੇ ਪਾਪ-ਕਰਮ ਕਰਦੇ ਰਹੋਗੇ।
44074	1030	ਸਾਕਤ ਮੂੜ ਅਚੇਤ ਨ ਚੇਤਹਿ ਦੁਖੁ ਲਾਗੈ ਤਾ ਰਾਮੁ ਪੁਕਾਰਾ ਹੇ॥੧੩॥		Saakath Moorr Achaeth N Chaethehi Dhukh Laagai Thaa Raam Pukaaraa Hae ||13||	The unconscious, foolish, faithless cynic does not remember the Lord; but when he is stricken with pain, then he cries out for the Lord. ||13||	ਮਾਇਆ-ਵੇੜ੍ਹੇ ਮੂਰਖ ਗ਼ਾਫ਼ਿਲ ਮਨੁੱਖ ਪਰਮਾਤਮਾ ਨੂੰ ਯਾਦ ਨਹੀਂ ਕਰਦੇ, ਜਦੋਂ ਕੋਈ ਦੁੱਖ ਵਿਆਪਦਾ ਹੈ ਤਾਂ ਉਸ ਵੇਲੇ 'ਹਾਇ ਰਾਮ! ਹਾਇ ਰਾਮ!' ਪੁਕਾਰਦੇ ਹਨ ॥੧੩॥
44075	1030	ਸੁਖੁ ਦੁਖੁ ਪੁਰਬ ਜਨਮ ਕੇ ਕੀਏ॥		Sukh Dhukh Purab Janam Kae Keeeae ||	Pleasure and pain are the consequences of the actions of past lives.	ਹੇ ਪ੍ਰਾਣੀ! ਪੂਰਬਲੇ ਜਨਮਾਂ ਦੇ ਕੀਤੇ ਕਰਮਾਂ ਅਨੁਸਾਰ ਦੁਖ ਸੁਖ ਭੋਗੀਦੇ ਹਨ।

44076	1030	ਸੋ ਜਾਣੈ ਜਿਨਿ ਦਾਤੈ ਦੀਏ॥		So Jaanai Jin Dhaathai Dheeeae ||	The Giver, who blesses us with these - He alone knows.	ਇਸ ਭੇਤ ਨੂੰ ਉਹੀ ਪਰਮਾਤਮਾ ਜਾਣਦਾ ਹੈ ਜਿਸ ਨੇ (ਇਹ ਦੁਖ ਸੁਖ ਭੋਗਣੇ) ਦਿੱਤੇ ਹਨ।
44077	1030	ਕਿਸ ਕਉ ਦੋਸੁ ਦੇਹਿ ਤੂ ਪ੍ਰਾਣੀ ਸਹੁ ਅਪਣਾ ਕੀਆ ਕਰਾਰਾ ਹੇ॥੧੪॥		Kis Ko Dhos Dhaehi Thoo Praanee Sahu Apanaa Keeaa Karaaraa Hae ||14||	So who can you blame, O mortal being? The hardships you suffer are from your own actions. ||14||	ਹੇ ਪ੍ਰਾਣੀ! (ਵਾਪਰੇ ਦੁੱਖਾਂ ਦੇ ਕਾਰਨ) ਤੂੰ ਕਿਸੇ ਹੋਰ ਨੂੰ ਦੋਸ਼ ਨਹੀਂ ਦੇ ਸਕਦਾ, ਇਹ ਤਾਂ ਆਪਣੇ ਹੀ ਕੀਤੇ ਕਰਮਾਂ ਦਾ ਕਰੜਾ ਫਲ ਸਹਾਰ ॥੧੪॥
44078	1031	ਹਉਮੈ ਮਮਤਾ ਕਰਦਾ ਆਇਆ॥		Houmai Mamathaa Karadhaa Aaeiaa ||	Practicing egotism and possessiveness, you have come into the world.	(ਜਨਮ ਜਨਮਾਂਤਰਾਂ ਤੋਂ) ਜੀਵ ਹਉਮੈ ਤੇ ਮਮਤਾ ਅਹੰਕਾਰ-ਭਰੀਆਂ ਗੱਲਾਂ ਕਰਦਾ ਆ ਰਿਹਾ ਹੈ।
44079	1031	ਆਸਾ ਮਨਸਾ ਬੰਧਿ ਚਲਾਇਆ॥		Aasaa Manasaa Bandhh Chalaaeiaa ||	Hope and desire bind you and lead you on.	ਇਹ ਦੁਨੀਆ ਦੀਆਂ ਆਸਾਂ ਤੇ ਮਨ ਦੇ ਮਾਇਕ ਫੁਰਨਿਆਂ ਵਿਚ ਬੱਝਾ ਚਲਾ ਆ ਰਿਹਾ ਹੈ।
44080	1031	ਮੇਰੀ ਮੇਰੀ ਕਰਤ ਕਿਆ ਲੇ ਚਾਲੇ ਬਿਖੁ ਲਾਦੇ ਛਾਰ ਬਿਕਾਰਾ ਹੇ॥੧੫॥		Maeree Maeree Karath Kiaa Lae Chaalae Bikh Laadhae Shhaar Bikaaraa Hae ||15||	Indulging in egotism and self-conceit, what will you be able to carry with you, except the load of ashes from poison and corruption? ||15||	'ਇਹ ਮਾਇਆ ਮੇਰੀ ਹੈ ਇਹ ਮਾਇਆ ਮੇਰੀ ਹੈ'-ਇਹ ਆਖ ਆਖ ਕੇ ਇਥੋਂ ਆਪਣੇ ਨਾਲ ਭੀ ਕੁਝ ਨਹੀਂ ਲੈ ਜਾ ਸਕਦਾ। ਵਿਕਾਰਾਂ ਦੀ ਸੁਆਹ ਵਿਕਾਰਾਂ ਦਾ ਜ਼ਹਰ ਹੀ ਲੱਦ ਲੈਂਦਾ ਹੈ (ਜੋ ਇਸ ਦੇ ਆਤਮਕ ਜੀਵਨ ਨੂੰ ਮਾਰ ਦੇਂਦਾ ਹੈ) ॥੧੫॥
44081	1031	ਹਰਿ ਕੀ ਭਗਤਿ ਕਰਹੁ ਜਨ ਭਾਈ॥		Har Kee Bhagath Karahu Jan Bhaaee ||	Worship the Lord in devotion, O humble Siblings of Destiny.	ਹੇ ਭਾਈ ਜਨੋ! ਪਰਮਾਤਮਾ ਦੀ ਭਗਤੀ ਕਰੋ।

44082	1031	ਅਕਥੁ ਕਥਹੁ ਮਨੁ ਮਨਹਿ ਸਮਾਈ॥	ਅ-ਕਥੁ: ਪੋਲਾ ਬੋਲੋ	Akathh Kathhahu Man Manehi Samaaee ||	Speak the Unspoken Speech, and the mind will merge back into the Mind.	ਉਸ ਪਰਮਾਤਮਾ ਨੂੰ ਯਾਦ ਕਰਦੇ ਰਹੋ ਜਿਸ ਦੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ, (ਇਸ ਤਰ੍ਹਾਂ ਇਹ ਵਿਕਾਰੀ) ਮਨ (ਰੱਬ) ਮਨ ਵਿਚ ਹੀ ਲੀਨ ਹੋ ਜਾਇਗਾ।
44083	1031	ਉਠਿ ਚਲਤਾ ਠਾਕਿ ਰਖਹੁ ਘਰਿ ਅਪੁਨੈ ਦੁਖੁ ਕਾਟੇ ਕਾਟਣਹਾਰਾ ਹੇ ॥੧੬॥	ਚਲ-ਤਾ: ਪੋਲਾ ਬੋਲੋ ਮਿਲਵਾਂ	Outh Chalathaa Thaak Rakhahu Ghar Apunai Dhukh Kaattae Kaattanehaaraa Hae ||16||	Restrain your restless mind within its own home, and the Lord, the Destroyer, shall destroy your pain. ||16||	ਇਸ ਮਨ ਨੂੰ ਜੋ (ਮਾਇਆ ਦੇ ਪਿੱਛੇ) ਉਠ ਉਠ ਕੇ ਭੱਜਦਾ ਹੈ ਰੋਕ ਕੇ ਆਪਣੇ ਅਡੋਲ ਆਤਮਕ ਟਿਕਾਣੇ ਵਿਚ ਕਾਬੂ ਕਰ ਰੱਖੋ। (ਇਸ ਤਰ੍ਹਾਂ) ਸਾਰੇ ਦੁੱਖ ਕੱਟਣ ਦੇ ਸਮਰੱਥ ਪ੍ਰਭੂ ਦੁੱਖ ਦੂਰ ਕਰ ਦੇਵੇਗਾ ॥੧੬॥
44084	1031	ਹਰਿ ਗੁਰ ਪੂਰੇ ਕੀ ਓਟ ਪਰਾਤੀ॥		Har Gur Poorae Kee Outt Paraathee ||	I seek the support of the Perfect Guru, the Lord.	ਜਿਸ ਮਨੁੱਖ ਨੇ ਪਰਮਾਤਮਾ ਦੀ ਤੇ ਪੂਰੇ ਗੁਰੂ ਦੀ ਸਰਨ ਦੀ ਕਦਰ ਪਛਾਣ ਲਈ ਹੈ,
44085	1031	ਗੁਰਮੁਖਿ ਹਰਿ ਲਿਵ ਗੁਰਮੁਖਿ ਜਾਤੀ॥		Guramukh Har Liv Guramukh Jaathee ||	The Gurmukh loves the Lord; the Gurmukh realizes the Lord.	ਜਿਸ ਨੇ ਗੁਰੂ ਦੇ ਸਨਮੁਖ ਹੋ ਕੇ ਗੁਰੂ ਦੀ ਰਾਹੀਂ ਪਰਮਾਤਮਾ ਵਿਚ ਸੁਰਤ ਜੋੜਨੀ ਸਮਝ ਲਈ ਹੈ,
44086	1031	ਨਾਨਕ ਰਾਮ ਨਾਮਿ ਮਤਿ ਊਤਮ ਹਰਿ ਬਖਸੇ ਪਾਰਿ ਉਤਾਰਾ ਹੇ॥੧੭॥੪॥੧੦॥		Naanak Raam Naam Math Ootham Har Bakhasae Paar Outhaaraa Hae ||17||4||10||	O Nanak, through the Lord's Name, the intellect is exalted; granting His forgiveness, the Lord carries him across to the other side. ||17||4||10||	ਹੇ ਨਾਨਕ! ਪਰਮਾਤਮਾ ਦੇ ਨਾਮ ਵਿਚ ਜੁੜ ਕੇ ਉਸ ਦੀ ਮੱਤ ਸ੍ਰੇਸ਼ਟ ਹੋ ਜਾਂਦੀ ਹੈ, ਪਰਮਾਤਮਾ ਉਸ ਉਤੇ ਮੇਹਰ ਕਰਦਾ ਹੈ ਤੇ ਉਸ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੧੭॥੪॥੧੦॥

44087	1031	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
44088	1031	ਸਰਣਿ ਪਰੇ ਗੁਰਦੇਵ ਤੁਮਾਰੀ॥		Saran Parae Guradhaev Thumaaree ||	O Divine Guru, I have entered Your Sanctuary.	ਹੇ ਪ੍ਰਭੂ! ਮੈਂ ਤੇਰੀ ਸਰਨ ਆ ਪਿਆ ਹਾਂ,
44089	1031	ਤੂ ਸਮਰਥੁ ਦਇਆਲੁ ਮੁਰਾਰੀ॥		Thoo Samarathh Dhaeiaal Muraaree ||	You are the Almighty Lord, the Merciful Lord.	ਤੂੰ (ਕਾਮਾਦਿਕ) ਵੈਰੀਆਂ ਦਾ ਮਾਰਨ ਵਾਲਾ ਹੈਂ, ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੂੰ ਦਇਆ ਦਾ ਸੋਮਾ ਹੈਂ।
44090	1031	ਤੇਰੇ ਚੋਜ ਨ ਜਾਣੈ ਕੋਈ ਤੂ ਪੂਰਾ ਪੁਰਖੁ ਬਿਧਾਤਾ ਹੇ॥੧॥		Thaerae Choj N Jaanai Koee Thoo Pooraa Purakh Bidhhaathaa Hae ||1||	No one knows Your wondrous plays; You are the perfect Architect of Destiny. ||1||	ਕੋਈ ਜੀਵ ਤੇਰੇ ਕੌਤਕ ਸਮਝ ਨਹੀਂ ਸਕਦਾ, ਤੂੰ ਸਭ ਗੁਣਾਂ ਦਾ ਮਾਲਕ ਹੈਂ, ਤੂੰ ਸਭ ਵਿਚ ਵਿਆਪਕ ਹੈਂ, ਤੂੰ ਸ੍ਰਿਸ਼ਟੀ ਦਾ ਪੈਦਾ ਕਰਨ ਵਾਲਾ ਹੈਂ ॥੧॥
44091	1031	ਤੂ ਆਦਿ ਜੁਗਾਦਿ ਕਰਹਿ ਪ੍ਰਤਿਪਾਲਾ॥		Thoo Aadh Jugaadh Karehi Prathipaalaa ||	From the very beginning of time, and throughout the ages, You cherish and sustain Your beings.	ਜਗਤ ਦੇ ਸ਼ੁਰੂ ਤੋਂ ਹੀ ਜੁਗਾਂ ਦੇ ਸ਼ੁਰੂ ਤੋਂ ਹੀ ਤੂੰ (ਸਭ ਜੀਵਾਂ ਦੀ) ਪਾਲਣਾ ਕਰਦਾ ਆ ਰਿਹਾ ਹੈਂ,
44092	1031	ਘਟਿ ਘਟਿ ਰੂਪੁ ਅਨੂਪੁ ਦਇਆਲਾ॥		Ghatt Ghatt Roop Anoop Dhaeiaalaa ||	You are in each and every heart, O Merciful Lord of incomparable beauty.	ਤੂੰ ਹਰੇਕ ਸਰੀਰ ਵਿਚ ਮੌਜੂਦ ਹੈਂ, ਤੇਰਾ ਰੂਪ ਐਸਾ ਹੈ ਕਿ ਉਸ ਵਰਗਾ ਹੋਰ ਕਿਸੇ ਦਾ ਨਹੀਂ, ਤੂੰ ਦਇਆ ਦਾ ਸੋਮਾ ਹੈਂ।

44093	1031	ਜਿਉ ਤੁਧੁ ਭਾਵੈ ਤਿਵੈ ਚਲਾਵਹਿ ਸਭੁ ਤੇਰੋ ਕੀਆ ਕਮਾਤਾ ਹੇ॥੨॥		Jio Thudhh Bhaavai Thivai Chalaavehi Sabh Thaero Keeaa Kamaathaa Hae ||2||	As You will, You cause all to walk; everyone acts according to Your Command. ||2||	ਜਿਵੇਂ ਤੈਨੂੰ ਚੰਗਾ ਲੱਗਦਾ ਹੈ ਤਿਵੇਂ ਤੂੰ ਸੰਸਾਰ ਦੀ ਕਾਰ ਚਲਾ ਰਿਹਾ ਹੈਂ, ਹਰੇਕ ਜੀਵ ਤੇਰਾ ਹੀ ਪ੍ਰੇਰਿਆ ਹੋਇਆ (ਕਰਮ) ਕਰਦਾ ਹੈ ॥੨॥
44094	1031	ਅੰਤਰਿ ਜੋਤਿ ਭਲੀ ਜਗਜੀਵਨ॥	ਜੱਗਜੀਵਨ	Anthar Joth Bhalee Jagajeevan ||	Deep within the nucleus of all, is the Light of the Life of the World.	ਜਗਤ ਦੇ ਜੀਵਨ ਪ੍ਰਭੂ ਦੀ ਜੋਤਿ ਹਰੇਕ ਦੇ ਅੰਦਰ ਸੋਭ ਰਹੀ ਹੈ,
44095	1031	ਸਭਿ ਘਟ ਭੋਗੈ ਹਰਿ ਰਸੁ ਪੀਵਨ॥		Sabh Ghatt Bhogai Har Ras Peevan ||	The Lord enjoys the hearts of all, and drinks in their essence.	ਸਾਰੇ ਸਰੀਰਾਂ ਵਿਚ ਵਿਆਪਕ ਹੋ ਕੇ ਪ੍ਰਭੂ ਆਪ ਹੀ ਆਪਣੇ ਨਾਮ ਦਾ ਰਸ ਪੀ ਰਿਹਾ ਹੈ, ਮਾਣ ਰਿਹਾ ਹੈ।
44096	1031	ਆਪੇ ਲੇਵੈ ਆਪੇ ਦੇਵੈ ਤਿਹੁ ਲੋਈ ਜਗਤ ਪਿਤ ਦਾਤਾ ਹੇ॥੩॥		Aapae Laevai Aapae Dhaevai Thihu Loee Jagath Pith Dhaathaa Hae ||3||	He Himself gives, and He himself takes; He is the generous father of the beings of the three worlds. ||3||	ਇਹ ਹਰਿ-ਨਾਮ-ਰਸ ਆਪ ਹੀ (ਜੀਵਾਂ ਵਿਚ ਬੈਠਾ) ਲੈ ਰਿਹਾ ਹੈ, ਆਪ ਹੀ (ਜੀਵਾਂ ਨੂੰ ਇਹ ਨਾਮ-ਰਸ) ਦੇਂਦਾ ਹੈ। ਜਗਤ ਦਾ ਪਿਤਾ ਪ੍ਰਭੂ ਤਿੰਨਾਂ ਹੀ ਭਵਨਾਂ ਵਿਚ ਮੌਜੂਦ ਹੈ ਤੇ ਸਭ ਦਾਤਾਂ ਦੇ ਰਿਹਾ ਹੈ ॥੩॥
44097	1031	ਜਗਤੁ ਉਪਾਇ ਖੇਲੁ ਰਚਾਇਆ॥	ਜੱਗਤੁ	Jagath Oupaae Khael Rachaaeiaa ||	Creating the world, He has set His play into motion.	ਜਗਤ ਪੈਦਾ ਕਰ ਕੇ ਪ੍ਰਭੂ ਨੇ (ਮਾਨੋ, ਇਕ) ਖੇਡ ਬਣਾ ਦਿੱਤੀ ਹੈ;
44098	1031	ਪਵਣੈ ਪਾਣੀ ਅਗਨੀ ਜੀਉ ਪਾਇਆ॥		Pavanai Paanee Aganee Jeeo Paaeiaa ||	He placed the soul in the body of air, water and fire.	ਹਵਾ ਪਾਣੀ ਅੱਗ (ਆਦਿਕ ਤੱਤਾਂ ਨੂੰ ਇਕੱਠਾ ਕਰ ਕੇ ਤੇ ਸਰੀਰ ਬਣਾ ਕੇ ਉਸ ਵਿਚ) ਜਿੰਦ ਟਿਕਾ ਦਿੱਤੀ ਹੈ।

44099	1031	ਦੇਹੀ ਨਗਰੀ ਨਉ ਦਰਵਾਜੇ ਸੋ ਦਸਵਾ ਗੁਪਤੁ ਰਹਾਤਾ ਹੇ॥੪॥		Dhaehee Nagaree No Dharavaajae So Dhasavaa Gupath Rehaathaa Hae ||4||	The body-village has nine gates; the Tenth Gate remains hidden. ||4||	ਇਸ ਸਰੀਰ-ਨਗਰੀ ਨੂੰ ਉਸ ਨੇ ਨੌ ਦਰਵਾਜ਼ੇ (ਤਾਂ ਪਰਗਟ ਤੌਰ ਤੇ) ਲਾ ਦਿੱਤੇ ਹਨ, (ਜਿਸ ਦਰਵਾਜ਼ੇ ਰਾਹੀਂ ਉਸ ਦੇ ਘਰ ਵਿਚ ਪਹੁੰਚੀਦਾ ਹੈ) ਉਹ ਦਸਵਾਂ ਦਰਵਾਜ਼ਾ (ਉਸ ਨੇ) ਗੁਪਤ ਰੱਖਿਆ ਹੋਇਆ ਹੈ ॥੪॥
44100	1031	ਚਾਰਿ ਨਦੀ ਅਗਨੀ ਅਸਰਾਲਾ॥	(ਅਸਰਾਲਾ) ਭਿਆਨਕ (ਨਦੀ ਚਾਰਿ) ਚਾਰ ਨਦੀਆਂ-ਜੀਵ ਹੱਤਿਆ,ਕਾਮ,ਮੋਹ,ਲੋਭ।	Chaar Nadhee Aganee Asaraalaa ||	There are four horrible rivers of fire.	(ਇਸ ਜਗਤ ਵਿਚ ਨਿਰਦਇਤਾ ਮੋਹ ਲੋਭ ਤੇ ਕ੍ਰੋਧ) ਚਾਰ ਅੱਗ ਦੀਆਂ ਭਿਆਨਕ ਨਦੀਆਂ ਹਨ।
44101	1031	ਕੋਈ ਗੁਰਮੁਖਿ ਬੂਝੈ ਸਬਦਿ ਨਿਰਾਲਾ॥		Koee Guramukh Boojhai Sabadh Niraalaa ||	How rare is that Gurmukh who understands this, and through the Word of the Shabad, remains unattached.	ਪਰ ਕੋਈ ਵਿਰਲਾ ਮਨੁੱਖ ਜੋ ਗੁਰੂ ਦੀ ਸਰਨ ਪੈਂਦਾ ਹੈ ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ ਇਸ ਗੱਲ ਨੂੰ ਸਮਝਦਾ ਹੈ,
44102	1031	ਸਾਕਤ ਦੁਰਮਤਿ ਡੂਬਹਿ ਦਾਝਹਿ ਗੁਰਿ ਰਾਖੇ ਹਰਿ ਲਿਵ ਰਾਤਾ ਹੇ॥੫॥		Saakath Dhuramath Ddoobehi Dhaajhehi Gur Raakhae Har Liv Raathaa Hae ||5||	The faithless cynics are drowned and burnt through their evil-mindedness. The Guru saves those who are imbued with the Love of the Lord. ||5||	(ਨਹੀਂ ਤਾਂ) ਮਾਇਆ-ਵੇੜ੍ਹੇ ਜੀਵ ਭੈੜੀ ਮੱਤੇ ਲੱਗ ਕੇ (ਇਹਨਾਂ ਨਦੀਆਂ ਵਿਚ) ਗੋਤੇ ਖਾਂਦੇ ਹਨ ਤੇ ਸੜਦੇ ਹਨ। ਜਿਨ੍ਹਾਂ ਨੂੰ ਗੁਰੂ ਨੇ (ਇਹਨਾਂ ਅੱਗ-ਨਦੀਆਂ ਤੋਂ) ਬਚਾ ਲਿਆ ਉਹ ਪਰਮਾਤਮਾ ਵਿਚ ਸੁਰਤ ਜੋੜੀ ਰੱਖਦੇ ਹਨ ॥੫॥

44103	1031	ਅਪੁ ਤੇਜੁ ਵਾਇ ਪ੍ਰਿਥਮੀ ਆਕਾਸਾ॥	ਅਪਪਾਣੀ। ਤੇਜਅਗਨੀ। ਵਾਇਹਵਾ	Ap Thaej Vaae Prithhamee Aakaasaa ||	Water, fire, air, earth and ether	ਪਾਣੀ ਅੱਗ ਹਵਾ ਧਰਤੀ ਤੇ ਆਕਾਸ਼-
44104	1031	ਤਿਨ ਮਹਿ ਪੰਚ ਤਤੁ ਘਰਿ ਵਾਸਾ॥		Thin Mehi Panch Thath Ghar Vaasaa ||	In that house of the five elements, they dwell.	ਇਹਨਾਂ ਪੰਜਾਂ ਦੇ ਮੇਲ ਦੀ ਰਾਹੀਂ ਪਰਮਾਤਮਾ ਨੇ ਪੰਜ-ਤੱਤੀ ਘਰ ਬਣਾ ਦਿੱਤਾ ਹੈ ਉਸ ਘਰ ਵਿਚ ਜੀਵਾਤਮਾ ਦਾ ਨਿਵਾਸ ਕਰ ਦਿੱਤਾ ਹੈ।
44105	1031	ਸਤਿਗੁਰ ਸਬਦਿ ਰਹਹਿ ਰੰਗਿ ਰਾਤਾ ਤਜਿ ਮਾਇਆ ਹਉਮੈ ਭ੍ਰਾਤਾ ਹੇ॥੬॥		Sathigur Sabadh Rehehi Rang Raathaa Thaj Maaeiaa Houmai Bhraathaa Hae ||6||	Those who remain imbued with the Word of the True Guru's Shabad, renounce Maya, egotism and doubt. ||6||	ਜੇਹੜੇ ਜੀਵ ਸਤਿਗੁਰੂ ਦੇ ਸ਼ਬਦ ਵਿਚ ਜੁੜਦੇ ਹਨ ਉਹ ਮਾਇਆ ਦੀ ਹਉਮੈ ਤੇ ਮਾਇਆ ਦੀ ਖ਼ਾਤਰ ਭਟਕਣਾ ਛੱਡ ਕੇ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ ॥੬॥
44106	1031	ਇਹੁ ਮਨੁ ਭੀਜੈ ਸਬਦਿ ਪਤੀਜੈ॥		Eihu Man Bheejai Sabadh Patheejai ||	This mind is drenched with the Shabad, and satisfied.	ਜਿਸ ਮਨੁੱਖ ਦਾ ਇਹ ਮਨ ਗੁਰੂ ਦੇ ਸ਼ਬਦ ਵਿਚ ਭਿੱਜ ਜਾਂਦਾ ਹੈ (ਸ਼ਬਦ ਵਿਚ ਖ਼ੁਸ਼ ਹੋ ਕੇ ਜੁੜਦਾ ਹੈ) ਉਹ ਪਰਮਾਤਮਾ ਦੇ ਨਾਮ ਵਿਚ ਜੁੜ ਕੇ ਪ੍ਰਸੰਨ ਹੁੰਦਾ ਹੈ।
44107	1031	ਬਿਨੁ ਨਾਵੈ ਕਿਆ ਟੇਕ ਟਿਕੀਜੈ॥		Bin Naavai Kiaa Ttaek Ttikeejai ||	Without the Name, what support can anyone have?	ਪਰਮਾਤਮਾ ਦੇ ਨਾਮ ਤੋਂ ਬਿਨਾ ਉਹ ਕੋਈ ਹੋਰ ਆਸਰਾ ਨਹੀਂ ਭਾਲਦਾ।

44108	1031	ਅੰਤਰਿ ਚੋਰੁ ਮੁਹੈ ਘਰੁ ਮੰਦਰੁ ਇਨਿ ਸਾਕਤਿ ਦੂਤੁ ਨ ਜਾਤਾ ਹੇ॥੭॥		Anthar Chor Muhai Ghar Mandhar Ein Saakath Dhooth N Jaathaa Hae ||7||	The temple of the body is being plundered by the thieves within, but this faithless cynic does not even recognize these demons. ||7||	ਪਰ ਜੋ ਮਨੁੱਖ ਮਾਇਆ-ਵੇੜ੍ਹਿਆ ਹੈ ਉਸ ਦੇ ਅੰਦਰ (ਵਿਕਾਰੀ ਮਨ-) ਚੋਰ ਦਾ ਘਰ-ਘਾਟ ਲੁੱਟਦਾ ਜਾਂਦਾ ਹੈ, ਇਸ ਮਾਇਆ-ਵੇੜ੍ਹੇ ਜੀਵ ਨੇ ਇਸ ਚੋਰ ਨੂੰ ਪਛਾਣਿਆ ਹੀ ਨਹੀਂ ॥੭॥
44109	1031	ਦੁੰਦਰ ਦੂਤ ਭੂਤ ਭੀਹਾਲੇ॥		Dhundhar Dhooth Bhooth Bheehaalae ||	They are argumentative demons, terrifying goblins.	ਜਿਸ ਮਨੁੱਖ ਦੇ ਅੰਦਰ ਰੌਲਾ ਪਾਣ ਵਾਲੇ ਤੇ ਡਰਾਉਣੇ ਭੂਤਾਂ ਵਰਗੇ ਕਾਮਾਦਿਕ ਵੈਰੀ ਵੱਸਦੇ ਹੋਣ,
44110	1031	ਖਿੰਚੋਤਾਣਿ ਕਰਹਿ ਬੇਤਾਲੇ॥		Khinchothaan Karehi Baethaalae ||	These demons stir up conflict and strife.	ਤੇ ਉਹ ਭੂਤ ਆਪੋ ਆਪਣੇ ਪਾਸੇ ਵਲ ਖਿੱਚਾ-ਖਿੱਚੀ ਕਰ ਰਹੇ ਹੋਣ,
44111	1031	ਸਬਦ ਸੁਰਤਿ ਬਿਨੁ ਆਵੈ ਜਾਵੈ ਪਤਿ ਖੋਈ ਆਵਤ ਜਾਤਾ ਹੇ॥੮॥		Sabadh Surath Bin Aavai Jaavai Path Khoee Aavath Jaathaa Hae ||8||	Without awareness of the Shabad, one comes and goes in reincarnation; he loses his honor in this coming and going. ||8||	ਉਹ ਮਨੁੱਖ ਗੁਰੂ ਦੇ ਸ਼ਬਦ ਦੀ ਸੁਰਤ-ਸੂਝ ਤੋਂ ਵਾਂਜਿਆ ਰਹਿ ਕੇ ਜੰਮਦਾ ਮਰਦਾ ਰਹਿੰਦਾ ਹੈ, ਆਪਣੀ ਇੱਜ਼ਤ ਗਵਾ ਲੈਂਦਾ ਹੈ, ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ ॥੮॥
44112	1031	ਕੂੜੁ ਕਲਰੁ ਤਨੁ ਭਸਮੈ ਢੇਰੀ॥		Koorr Kalar Than Bhasamai Dtaeree ||	The body of the false person is just a pile of barren dirt.	ਹੇ ਜੀਵ! ਤੂੰ ਸਾਰੀ ਉਮਰ ਕੂੜ (-ਰੂਪ) ਕੱਲਰ ਹੀ (ਵਿਹਾਝਦਾ ਹੈਂ), ਸਰੀਰ ਭੀ ਆਖ਼ਰ ਸੁਆਹ ਦੀ ਢੇਰੀ ਹੋ ਜਾਣ ਵਾਲਾ ਹੈ (ਤੇਰੇ ਪੱਲੇ ਕੀਹ ਪਿਆ ਹੈ?)।

44113	1031	ਬਿਨੁ ਨਾਵੈ ਕੈਸੀ ਪਤਿ ਤੇਰੀ॥		Bin Naavai Kaisee Path Thaeree ||	Without the Name, what honor can you have?	ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਤੂੰ ਆਪਣੀ ਇੱਜ਼ਤ ਗਵਾ ਲੈਂਦਾ ਹੈਂ।
44114	1031	ਬਾਧੇ ਮੁਕਤਿ ਨਾਹੀ ਜੁਗ ਚਾਰੇ ਜਮਕੰਕਰਿ ਕਾਲਿ ਪਰਾਤਾ ਹੇ॥੯॥		Baadhhae Mukath Naahee Jug Chaarae Jamakankar Kaal Paraathaa Hae ||9||	Bound and gagged throughout the four ages, there is no liberation; the Messenger of Death keeps such a person under his gaze. ||9||	ਮਾਇਆ ਦੇ ਮੋਹ ਵਿਚ ਬੱਝੇ ਹੋਏ ਦੀ ਖ਼ਲਾਸੀ ਪ੍ਰਭੂ ਦੇ ਨਾਮ ਤੋਂ ਬਿਨਾ ਕਦੇ ਭੀ ਨਹੀਂ ਹੋ ਸਕੇਗੀ (ਇਉਂ ਹੈ ਜਿਵੇਂ) ਕਾਲ-ਜਮਦੂਤ ਨੇ ਤੈਨੂੰ (ਖ਼ਾਸ ਤੌਰ ਤੇ) ਪਛਾਣਿਆ ਹੋਇਆ ਹੈ (ਕਿ ਇਹ ਮੇਰਾ ਸ਼ਿਕਾਰ ਹੈ) ॥੯॥
44115	1031	ਜਮ ਦਰਿ ਬਾਧੇ ਮਿਲਹਿ ਸਜਾਈ॥		Jam Dhar Baadhhae Milehi Sajaaee ||	At Death's door, he is tied up and punished;	(ਕੂੜ ਕੱਲਰ ਦੇ ਵਪਾਰੀ ਨੂੰ) ਜਮ ਦੇ ਦਰ ਤੇ ਬੱਝੇ ਨੂੰ ਸਜ਼ਾਵਾਂ ਮਿਲਦੀਆਂ ਹਨ,
44116	1031	ਤਿਸੁ ਅਪਰਾਧੀ ਗਤਿ ਨਹੀ ਕਾਈ॥		This Aparaadhhee Gath Nehee Kaaee ||	Such a sinner does not obtain salvation.	ਉਸ (ਵਿਚਾਰੇ) ਮੰਦ-ਕਰਮੀ ਦਾ ਭੈੜਾ ਹਾਲ ਹੁੰਦਾ ਹੈ।
44117	1031	ਕਰਣ ਪਲਾਵ ਕਰੇ ਬਿਲਲਾਵੈ ਜਿਉ ਕੁੰਡੀ ਮੀਨੁ ਪਰਾਤਾ ਹੇ॥੧੦॥		Karan Palaav Karae Bilalaavai Jio Kunddee Meen Paraathaa Hae ||10||	He cries out in pain, like the fish pierced by the hook. ||10||	ਉਹ ਵਿਲਕਦਾ ਹੈ ਤਰਲੇ ਲੈਂਦਾ ਹੈ (ਪਰ ਮੋਹ ਦੀ ਫਾਹੀ ਵਿਚੋਂ ਖ਼ਲਾਸੀ ਨਹੀਂ ਹੁੰਦੀ) ਜਿਵੇਂ ਮੱਛੀ ਕੁੰਡੀ ਵਿਚ ਫਸ ਜਾਂਦੀ ਹੈ ॥੧੦॥
44118	1031	ਸਾਕਤੁ ਫਾਸੀ ਪੜੈ ਇਕੇਲਾ॥	ਪੜੈ: ਪੋਲਾ ਬੋਲੋ	Saakath Faasee Parrai Eikaelaa ||	The faithless cynic is caught in the noose all alone.	ਮਾਇਆ-ਵੇੜ੍ਹੇ ਮਨੁੱਖ ਦੀ ਇਕੱਲੀ ਆਪਣੀ ਜਿੰਦ ਉਸ (ਮੌਤ ਦੀ) ਫਾਹੀ ਵਿਚ ਫਸੀ ਹੁੰਦੀ ਹੈ।

44119	1031	ਜਮ ਵਸਿ ਕੀਆ ਅੰਧੁ ਦੁਹੇਲਾ॥	ਵੱਸਿ	Jam Vas Keeaa Andhh Dhuhaelaa ||	The miserable spiritually blind person is caught in the power of Death.	ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਜੀਵ ਜਮ ਦੇ ਵੱਸ ਵਿਚ ਪਿਆ ਦੁੱਖੀ ਹੁੰਦਾ ਹੈ।
44120	1031	ਰਾਮ ਨਾਮ ਬਿਨੁ ਮੁਕਤਿ ਨ ਸੂਝੈ ਆਜੁ ਕਾਲਿ ਪਚਿ ਜਾਤਾ ਹੇ॥੧੧॥		Raam Naam Bin Mukath N Soojhai Aaj Kaal Pach Jaathaa Hae ||11||	Without the Lord's Name, liberation is not known. He shall waste away, today or tomorrow. ||11||	(ਉਹ ਮਾਇਆ-ਵੇੜ੍ਹਿਆ ਜੀਵ ਪ੍ਰਭੂ-ਨਾਮ ਤੋਂ ਵਾਂਜਿਆਂ ਰਹਿੰਦਾ ਹੈ, ਤੇ) ਹਰੀ-ਨਾਮ ਤੋਂ ਬਿਨਾ ਖ਼ਲਾਸੀ ਦਾ ਕੋਈ ਵਸੀਲਾ ਨਹੀਂ ਸੁੱਝ ਸਕਦਾ, ਨਿੱਤ (ਮੋਹ ਦੀ ਫਾਹੀ ਵਿਚ ਹੀ) ਖ਼ੁਆਰ ਹੁੰਦਾ ਹੈ ॥੧੧॥
44121	1031	ਸਤਿਗੁਰ ਬਾਝੁ ਨ ਬੇਲੀ ਕੋਈ॥		Sathigur Baajh N Baelee Koee ||	Other than the True Guru, no one is your friend.	ਸਤਿਗੁਰੂ ਤੋਂ ਬਿਨਾ (ਜੀਵਨ-ਰਾਹ ਦੱਸਣ ਵਾਲਾ) ਕੋਈ ਮਦਦਗਾਰ ਨਹੀਂ ਬਣਦਾ।
44122	1031	ਐਥੈ ਓਥੈ ਰਾਖਾ ਪ੍ਰਭੁ ਸੋਈ॥		Aithhai Outhhai Raakhaa Prabh Soee ||	Here and hereafter, God is the Savior.	(ਗੁਰੂ ਹੀ ਦੱਸਦਾ ਹੈ ਕਿ) ਲੋਕ ਪਰਲੋਕ ਵਿਚ ਪਰਮਾਤਮਾ ਹੀ (ਜੀਵ ਦੀ) ਰਾਖੀ ਕਰਨ ਵਾਲਾ ਹੈ।
44123	1031	ਰਾਮ ਨਾਮੁ ਦੇਵੈ ਕਰਿ ਕਿਰਪਾ ਇਉ ਸਲਲੈ ਸਲਲ ਮਿਲਾਤਾ ਹੇ॥੧੨॥		Raam Naam Dhaevai Kar Kirapaa Eio Salalai Salal Milaathaa Hae ||12||	He grants His Grace, and bestows the Lord's Name. He merges with Him, like water with water. ||12||	(ਸਤਿਗੁਰੂ) ਮੇਹਰ ਕਰ ਕੇ ਪਰਮਾਤਮਾ ਦਾ ਨਾਮ ਬਖ਼ਸ਼ਦਾ ਹੈ, ਇਸ ਤਰ੍ਹਾਂ (ਜੀਵ ਪਰਮਾਤਮਾ ਦੇ ਚਰਨਾਂ ਵਿਚ ਇਉਂ ਮਿਲ ਜਾਂਦਾ ਹੈ, ਜਿਵੇਂ) ਪਾਣੀ ਵਿਚ ਪਾਣੀ ਰਲ ਜਾਂਦਾ ਹੈ ॥੧੨॥
44124	1032	ਭੂਲੇ ਸਿਖ ਗੁਰੂ ਸਮਝਾਏ॥		Bhoolae Sikh Guroo Samajhaaeae ||	The Guru instructs His wandering Sikhs;	ਭੁੱਲੇ ਹੋਏ ਬੰਦੇ ਨੂੰ ਸਿੱਖਿਆ ਦੇ ਕੇ ਗੁਰੂ (ਸਹੀ ਜੀਵਨ-ਰਾਹ ਦੀ) ਸਮਝ ਬਖ਼ਸ਼ਦਾ ਹੈ,

44125	1032	ਉਝੜਿ ਜਾਦੇ ਮਾਰਗਿ ਪਾਏ॥		Oujharr Jaadhae Maarag Paaeae ||	If they go astray, He sets them on the right path.	ਕੁਰਾਹੇ ਜਾਂਦੇ ਨੂੰ (ਠੀਕ) ਰਾਹ ਤੇ ਪਾਂਦਾ ਹੈ।
44126	1032	ਤਿਸੁ ਗੁਰ ਸੇਵਿ ਸਦਾ ਦਿਨੁ ਰਾਤੀ ਦੁਖਭੰਜਨ ਸੰਗਿ ਸਖਾਤਾ ਹੇ॥੧੩॥		This Gur Saev Sadhaa Dhin Raathee Dhukh Bhanjan Sang Sakhaathaa Hae ||13||	So serve the Guru, forever, day and night; He is the Destroyer of pain - He is with you as your companion. ||13||	(ਤੂੰ) ਦਿਨ ਰਾਤ ਉਸ ਗੁਰੂ ਦੀ ਦੱਸੀ ਹੋਈ ਕਾਰ ਕਰ। ਗੁਰੂ ਦੁੱਖਾਂ ਦੇ ਨਾਸ ਕਰਨ ਵਾਲੇ ਪਰਮਾਤਮਾ ਦੇ ਚਰਨਾਂ ਵਿਚ ਜੋੜ ਕੇ ਪ੍ਰਭੂ ਨਾਲ ਮਿਤ੍ਰਤਾ ਬਣਾ ਦੇਂਦਾ ਹੈ ॥੧੩॥
44127	1032	ਗੁਰ ਕੀ ਭਗਤਿ ਕਰਹਿ ਕਿਆ ਪ੍ਰਾਣੀ॥		Gur Kee Bhagath Karehi Kiaa Praanee ||	O mortal being, what devotional worship have you performed to the Guru?	(ਸੰਸਾਰੀ ਜੀਵ) ਗੁਰੂ ਦੀ ਭਗਤੀ ਦੀ ਕੀਹ ਕਦਰ ਜਾਣ ਸਕਦੇ ਹਨ?
44128	1032	ਬ੍ਰਹਮੈ ਇੰਦ੍ਰਿ ਮਹੇਸਿ ਨ ਜਾਣੀ॥		Brehamai Eindhr Mehaes N Jaanee ||	Even Brahma, Indra and Shiva do not know it.	ਬ੍ਰਹਮਾ ਨੇ, ਇੰਦਰ ਨੇ, ਸ਼ਿਵ ਨੇ (ਭੀ ਇਹ ਕਦਰ) ਨਾਹ ਸਮਝੀ।
44129	1032	ਸਤਿਗੁਰੁ ਅਲਖੁ ਕਹਹੁ ਕਿਉ ਲਖੀਐ ਜਿਸੁ ਬਖਸੇ ਤਿਸਹਿ ਪਛਾਤਾ ਹੇ॥੧੪॥	ਅ-ਲਖੁ,ਕਹ-ਹੁ	Sathigur Alakh Kehahu Kio Lakheeai Jis Bakhasae Thisehi Pashhaathaa Hae ||14||	Tell me, how can the unknowable True Guru be known? He alone attains this realization, whom the Lord forgives. ||14||	ਗੁਰੂ ਅਲੱਖ (-ਪ੍ਰਭੂ ਦਾ ਰੂਪ) ਹੈ, ਉਸ ਨੂੰ ਸਮਝਿਆ ਨਹੀਂ ਜਾ ਸਕਦਾ। ਗੁਰੂ ਜਿਸ ਉਤੇ ਮੇਹਰ ਕਰਦਾ ਹੈ ਉਹੀ (ਗੁਰੂ ਦੀ) ਪਛਾਣ ਕਰਦਾ ਹੈ ॥੧੪॥
44130	1032	ਅੰਤਰਿ ਪ੍ਰੇਮੁ ਪਰਾਪਤਿ ਦਰਸਨੁ॥		Anthar Praem Paraapath Dharasan ||	One who has love within, obtains the Blessed Vision of His Darshan.	ਜਿਸ ਮਨੁੱਖ ਦੇ ਹਿਰਦੇ ਵਿਚ (ਗੁਰੂ ਦਾ) ਪ੍ਰੇਮ ਹੈ ਉਸ ਨੂੰ (ਪਰਮਾਤਮਾ ਦਾ) ਦੀਦਾਰ ਪ੍ਰਾਪਤ ਹੁੰਦਾ ਹੈ।

44131	1032	ਗੁਰਬਾਣੀ ਸਿਉ ਪ੍ਰੀਤਿ ਸੁਪਰਸਨੁ॥	ਗੁਰਬਾਣੀ ਸਿਉ ਪ੍ਰੀਤਿ ਹੀ (ਸੁ-ਪਰਸਨੁ) ਸ੍ਰੇਸਟ ਦਰਸ਼ਨ ਮਿਲਣਾ ਹੈ	Gurabaanee Sio Preeth S Parasan ||	One who enshrines love for the Word of the Guru's Bani, meets with Him.	ਜਿਸ ਦੀ ਪ੍ਰੀਤ ਗੁਰੂ ਦੀ ਬਾਣੀ ਨਾਲ ਬਣ ਗਈ ਉਸ ਨੂੰ ਪ੍ਰਭੂ-ਚਰਨਾਂ ਦੀ ਛੁਹ ਮਿਲ ਜਾਂਦੀ ਹੈ।
44132	1032	ਅਹਿ ਨਿਸਿ ਨਿਰਮਲ ਜੋਤਿ ਸਬਾਈ ਘਟਿ ਦੀਪਕੁ ਗੁਰਮੁਖਿ ਜਾਤਾ ਹੇ॥੧੫॥		Ahinis Niramal Joth Sabaaee Ghatt Dheepak Guramukh Jaathaa Hae ||15||	Day and night, the Gurmukh sees the immaculate Divine Light everywhere; this lamp illuminates his heart. ||15||	ਉਸ ਨੂੰ ਸਾਰੀ ਹੀ ਲੋਕਾਈ ਵਿਚ ਪ੍ਰਭੂ ਦੀ ਪਵਿਤ੍ਰ ਜੋਤਿ ਵਿਆਪਕ ਦਿੱਸਦੀ ਹੈ, ਗੁਰੂ ਦੀ ਸਰਨ ਪੈ ਕੇ ਉਸ ਨੂੰ ਆਪਣੇ ਹਿਰਦੇ ਵਿਚ ਦਿਨ ਰਾਤ (ਗਿਆਨ ਦਾ) ਦੀਵਾ (ਜਗਦਾ) ਦਿੱਸਦਾ ਹੈ ॥੧੫॥
44133	1032	ਭੋਜਨ ਗਿਆਨੁ ਮਹਾ ਰਸੁ ਮੀਠਾ॥		Bhojan Giaan Mehaa Ras Meethaa ||	The food of spiritual wisdom is the supremely sweet essence.	(ਗੁਰੂ ਦੀ ਰਾਹੀਂ ਮਿਲਿਆ ਪਰਮਾਤਮਾ ਦਾ) ਗਿਆਨ ਇਕ ਐਸੀ (ਆਤਮਕ) ਖ਼ੁਰਾਕ ਹੈ ਜੋ ਮਿੱਠੀ ਹੈ ਤੇ ਬਹੁਤ ਹੀ ਸੁਆਦਲੀ ਹੈ।
44134	1032	ਜਿਨਿ ਚਾਖਿਆ ਤਿਨਿ ਦਰਸਨੁ ਡੀਠਾ॥		Jin Chaakhiaa Thin Dharasan Ddeethaa ||	Whoever tastes it, sees the Blessed Vision of the Lord's Darshan.	ਜਿਸ ਨੇ ਇਹ ਸੁਆਦ ਚੱਖਿਆ ਹੈ ਉਸ ਨੇ ਪਰਮਾਤਮਾ ਦਾ ਦੀਦਾਰ ਕਰ ਲਿਆ ਹੈ।
44135	1032	ਦਰਸਨੁ ਦੇਖਿ ਮਿਲੇ ਬੈਰਾਗੀ ਮਨੁ ਮਨਸਾ ਮਾਰਿ ਸਮਾਤਾ ਹੇ॥੧੬॥		Dharasan Dhaekh Milae Bairaagee Man Manasaa Maar Samaathaa Hae ||16||	Beholding His Darshan, the unattached one meets the Lord; subduing the mind's desires, he merges into the Lord. ||16||	ਜੇਹੜੇ ਪ੍ਰੇਮੀ (ਗੁਰੂ ਦੀ ਰਾਹੀਂ ਪਰਮਾਤਮਾ ਦਾ) ਦਰਸਨ ਕਰ ਕੇ ਉਸ ਦੇ ਚਰਨਾਂ ਵਿਚ ਜੁੜਦੇ ਹਨ, ਉਹਨਾਂ ਦਾ ਮਨ (ਆਪਣੀਆਂ) ਕਾਮਨਾਂ ਨੂੰ ਮਾਰ ਕੇ (ਸਦਾ ਲਈ ਪਰਮਾਤਮਾ ਦੀ ਯਾਦ ਵਿਚ) ਲੀਨ ਹੋ ਜਾਂਦਾ ਹੈ ॥੧੬॥

44136	1032	ਸਤਿਗੁਰੁ ਸੇਵਹਿ ਸੇ ਪਰਧਾਨਾ॥		Sathigur Saevehi Sae Paradhhaanaa ||	Those who serve the True Guru are supreme and famous.	ਜੇਹੜੇ ਮਨੁੱਖ ਸਤਿਗੁਰੂ ਦੀ ਦੱਸੀ ਸੇਵਾ ਕਰਦੇ ਹਨ ਉਹ ਹਰ ਥਾਂ ਆਦਰ ਪਾਂਦੇ ਹਨ,
44137	1032	ਤਿਨ ਘਟ ਘਟ ਅੰਤਰਿ ਬ੍ਰਹਮੁ ਪਛਾਨਾ॥		Thin Ghatt Ghatt Anthar Breham Pashhaanaa ||	Deep within each and every heart, they recognize God.	ਉਹ ਹਰੇਕ ਸਰੀਰ ਦੇ ਅੰਦਰ ਪਰਮਾਤਮਾ ਨੂੰ ਵੱਸਦਾ ਪਛਾਣ ਲੈਂਦੇ ਹਨ।
44138	1032	ਨਾਨਕ ਹਰਿ ਜਸੁ ਹਰਿ ਜਨ ਕੀ ਸੰਗਤਿ ਦੀਜੈ ਜਿਨ ਸਤਿਗੁਰੁ ਹਰਿ ਪ੍ਰਭੁ ਜਾਤਾ ਹੇ॥੧੭॥੫॥੧੧॥		Naanak Har Jas Har Jan Kee Sangath Dheejai Jin Sathigur Har Prabh Jaathaa Hae ||17||5||11||	Please bless Nanak with the Lord's Praises, and the Sangat, the Congregation of the Lord's humble servants; through the True Guru, they know their Lord God. ||17||5||11||	(ਨਾਨਕ ਦੀ ਅਰਦਾਸਿ ਹੈ ਕਿ) ਜਿਨ੍ਹਾਂ ਬੰਦਿਆਂ ਨੇ ਸਤਿਗੁਰੂ ਨੂੰ ਪਰਮਾਤਮਾ ਦਾ ਰੂਪ ਸਮਝ ਲਿਆ ਹੈ ਉਹਨਾਂ ਹਰੀ ਦੇ ਜਨਾਂ ਦੀ ਸੰਗਤਿ ਨਾਨਕ ਨੂੰ ਭੀ ਮਿਲ ਜਾਏ (ਉਹਨਾਂ ਦੀ ਸੰਗਤ ਵਿਚ ਹੀ ਰਹਿ ਕੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਦਾਤ ਮਿਲਦੀ ਹੈ ॥੧੭॥੫॥੧੧॥
44139	1032	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
44140	1032	ਸਾਚੇ ਸਾਹਿਬ ਸਿਰਜਣਹਾਰੇ॥		Saachae Saahib Sirajanehaarae ||	The True Lord is the Creator of the Universe.	ਹੇ ਸਦਾ-ਥਿਰ ਰਹਿਣ ਵਾਲੇ ਮਾਲਕ! ਹੇ ਜਗਤ ਦੇ ਰਚਣਹਾਰ!
44141	1032	ਜਿਨਿ ਧਰ ਚਕ੍ਰ ਧਰੇ ਵੀਚਾਰੇ॥		Jin Dhhar Chakr Dhharae Veechaarae ||	He established and contemplates the worldly sphere.	ਜਿਸ ਤੈਂ ਨੇ ਧਰਤੀ ਦੇ ਚੱਕਰ ਬਣਾਏ ਹਨ, ਤੂੰ ਆਪ ਹੀ ਸੋਚ-ਵਿਚਾਰ ਕੇ (ਆਪੋ ਆਪਣੇ ਥਾਂ) ਟਿਕਾਏ ਹਨ।

44142	1032	ਆਪੇ ਕਰਤਾ ਕਰਿ ਕਰਿ ਵੇਖੈ ਸਾਚਾ ਵੇਪਰਵਾਹਾ ਹੇ॥੧॥		Aapae Karathaa Kar Kar Vaekhai Saachaa Vaeparavaahaa Hae ||1||	He Himself created the creation, and beholds it; He is True and independent. ||1||	ਕਰਤਾਰ ਆਪ ਹੀ ਜਗਤ ਰਚ ਰਚ ਕੇ ਸੰਭਾਲ ਕਰਦਾ ਹੈ, ਉਹ ਸਦਾ ਕਾਇਮ ਰਹਿਣ ਵਾਲਾ ਹੈ, (ਜਗਤ ਦਾ ਇਤਨਾ ਖਿਲਾਰਾ ਹੁੰਦਿਆਂ ਭੀ) ਉਹ ਬੇ-ਫ਼ਿਕਰ ਹੈ ॥੧॥
44143	1032	ਵੇਕੀ ਵੇਕੀ ਜੰਤ ਉਪਾਏ॥	ਵੇੱਕੀ ਵੇੱਕੀ	Vaekee Vaekee Janth Oupaaeae ||	He created the beings of different kinds.	ਪਰਮਾਤਮਾ ਨੇ ਰੰਗਾ ਰੰਗ ਦੇ ਜੀਵ ਪੈਦਾ ਕਰ ਦਿੱਤੇ ਹਨ। ਕੋਈ ਗੁਰਮੁਖ ਬਣਾ ਦਿੱਤੇ ਹਨ ਕੋਈ ਮਨਮੁਖ ਬਣਾ ਦਿੱਤੇ ਹਨ।
44144	1032	ਦੁਇ ਪੰਦੀ ਦੁਇ ਰਾਹ ਚਲਾਏ॥		Dhue Pandhee Dhue Raah Chalaaeae ||	The two travellers have set out in two directions.	ਗੁਰਮੁਖਤਾ ਤੇ ਮਨਮੁਖਤਾ-ਇਹ ਦੋਵੇਂ ਰਸਤੇ ਤੋਰ ਦਿੱਤੇ ਹਨ।
44145	1032	ਗੁਰ ਪੂਰੇ ਵਿਣੁ ਮੁਕਤਿ ਨ ਹੋਈ ਸਚੁ ਨਾਮੁ ਜਪਿ ਲਾਹਾ ਹੇ॥੨॥		Gur Poorae Vin Mukath N Hoee Sach Naam Jap Laahaa Hae ||2||	Without the Perfect Guru, no one is liberated. Chanting the True Name, one profits. ||2||	ਪੂਰੇ ਗੁਰੂ ਦੀ ਸਰਨ ਪੈਣ ਤੋਂ ਬਿਨਾ (ਮੰਦੇ ਰਸਤੇ ਵਲੋਂ) ਖ਼ਲਾਸੀ ਨਹੀਂ ਹੁੰਦੀ। (ਗੁਰੂ ਦੀ ਰਾਹੀਂ) ਸਦਾ-ਥਿਰ ਨਾਮ ਜਪ ਕੇ ਹੀ (ਮਨੁੱਖਾ ਜੀਵਨ ਵਿਚ ਆਤਮਕ) ਲਾਭ ਖੱਟ ਸਕੀਦਾ ਹੈ ॥੨॥
44146	1032	ਪੜਹਿ ਮਨਮੁਖ ਪਰੁ ਬਿਧਿ ਨਹੀ ਜਾਨਾ॥	ਪੜ੍ਹਹਿ। ਬਿਧਿ: ਪੋਲਾ ਬੋਲੋ	Parrehi Manamukh Par Bidhh Nehee Jaanaa ||	The self-willed manmukhs read and study, but they do not know the way.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ (ਮਜ਼ਹਬੀ ਕਿਤਾਬਾਂ) ਪੜ੍ਹਦੇ ਹਨ,

44147	1032	ਨਾਮੁ ਨ ਬੂਝਹਿ ਭਰਮਿ ਭੁਲਾਨਾ॥		Naam N Boojhehi Bharam Bhulaanaa ||	They do not understand the Naam, the Name of the Lord; they wander, deluded by doubt.	ਪਰ ਉਹ (ਉਸ ਪੜ੍ਹੇ ਹੋਏ ਉਤੇ ਅਮਲ ਕਰਨ ਦੀ) ਜਾਚ ਨਹੀਂ ਸਿੱਖਦੇ। ਉਹ ਪਰਮਾਤਮਾ ਦੇ ਨਾਮ ਦੀ (ਕਦਰ) ਨਹੀਂ ਸਮਝਦੇ, (ਮਾਇਆ ਦੀ) ਭਟਕਣਾ ਵਿਚ (ਪੈ ਕੇ) ਕੁਰਾਹੇ ਪਏ ਰਹਿੰਦੇ ਹਨ।
44148	1032	ਲੈ ਕੈ ਵਢੀ ਦੇਨਿ ਉਗਾਹੀ ਦੁਰਮਤਿ ਕਾ ਗਲਿ ਫਾਹਾ ਹੇ॥੩॥		Lai Kai Vadtee Dhaen Ougaahee Dhuramath Kaa Gal Faahaa Hae ||3||	They take bribes, and give false testimony; the noose of evil-mindedness is around their necks. ||3||	ਰਿਸ਼ਵਤ ਲੈ ਕੇ (ਝੂਠੀਆਂ) ਗਵਾਹੀਆਂ ਦੇ ਦੇਂਦੇ ਹਨ, ਭੈੜੀ ਮੱਤ ਦੀ ਫਾਹੀ ਉਹਨਾਂ ਦੇ ਗਲ ਵਿਚ ਪਈ ਰਹਿੰਦੀ ਹੈ ॥੩॥
44149	1032	ਸਿਮ੍ਰਿਤਿ ਸਾਸਤ੍ਰ ਪੜਹਿ ਪੁਰਾਣਾ॥	ਸਿਮ-ਿ੍ਰਤਿ: ਮ ਮੁਕਤਾ, ਅੱਧੇ ਰਾਰੇ ਸਿਹਾਰੀ ਲਾ ਕੇ,:ਪੋਲਾ ਬੋਲੋ , ਸਿਹਾਰੀ ਤੱਤੇ ਨੂੰ ਲਾਉ	Simrith Saasathr Parrehi Puraanaa ||	They read the Simritees, the Shaastras and the Puraanas;	(ਪੰਡਿਤ ਲੋਕ ਭੀ) ਸਿੰਮ੍ਰਿਤੀਆਂ ਸ਼ਾਸਤ੍ਰ ਪੁਰਾਣ ਪੜ੍ਹਦੇ ਹਨ,
44150	1032	ਵਾਦੁ ਵਖਾਣਹਿ ਤਤੁ ਨ ਜਾਣਾ॥		Vaadh Vakhaanehi Thath N Jaanaa ||	They argue and debate, but do not know the essence of reality.	(ਪਰ) ਚਰਚਾ (ਹੀ) ਕਰਦੇ ਹਨ, ਅਸਲੀਅਤ ਨਹੀਂ ਸਮਝਦੇ।

44151	1032	ਵਿਣੁ ਗੁਰ ਪੂਰੇ ਤਤੁ ਨ ਪਾਈਐ ਸਚ ਸੂਚੇ ਸਚੁ ਰਾਹਾ ਹੇ॥੪॥		Vin Gur Poorae Thath N Paaeeai Sach Soochae Sach Raahaa Hae ||4||	Without the Perfect Guru, the essence of reality is not obtained. The true and pure beings walk the Path of Truth. ||4||	ਪੂਰੇ ਗੁਰੂ ਦੀ ਸਰਨ ਪੈਣ ਤੋਂ ਬਿਨਾ ਅਸਲੀਅਤ ਲੱਭ ਹੀ ਨਹੀਂ ਸਕਦੀ। ਜੇਹੜੇ ਬੰਦੇ ਸਦਾ-ਥਿਰ (ਨਾਮ ਸਿਮਰਦੇ ਹਨ) ਉਹ ਪਵਿਤ੍ਰ ਜੀਵਨ ਵਾਲੇ ਬਣ ਜਾਂਦੇ ਹਨ, ਉਹ ਸਹੀ ਜੀਵਨ-ਰਸਤਾ ਫੜ ਲੈਂਦੇ ਹਨ ॥੪॥
44152	1032	ਸਭ ਸਾਲਾਹੇ ਸੁਣਿ ਸੁਣਿ ਆਖੈ॥		Sabh Saalaahae Sun Sun Aakhai ||	All praise God and listen, and listen and speak.	(ਜ਼ਬਾਨੀ ਜ਼ਬਾਨੀ ਤਾਂ) ਸਾਰੀ ਲੁਕਾਈ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੀ ਹੈ (ਦੂਜਿਆਂ ਪਾਸੋਂ) ਸੁਣ ਸੁਣ ਕੇ (ਪ੍ਰਭੂ ਦੀਆਂ ਵਡਿਆਈਆਂ) ਆਖਦੀ ਹੈ।
44153	1032	ਆਪੇ ਦਾਨਾ ਸਚੁ ਪਰਾਖੈ॥		Aapae Dhaanaa Sach Paraakhai ||	He Himself is wise, and He Himself judges the Truth.	ਪਰ ਸਦਾ-ਥਿਰ ਪ੍ਰਭੂ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ (ਹਰੇਕ ਦੀ ਕੀਤੀ ਭਗਤੀ ਨੂੰ) ਉਹ ਆਪ ਹੀ ਪਰਖਦਾ ਹੈ।
44154	1032	ਜਿਨ ਕਉ ਨਦਰਿ ਕਰੇ ਪ੍ਰਭੁ ਅਪਨੀ ਗੁਰਮੁਖਿ ਸਬਦੁ ਸਲਾਹਾ ਹੇ॥੫॥		Jin Ko Nadhar Karae Prabh Apanee Guramukh Sabadh Salaahaa Hae ||5||	Those whom God blesses with His Glance of Grace become Gurmukh, and praise the Word of the Shabad. ||5||	ਜਿਨ੍ਹਾਂ ਉਤੇ ਪ੍ਰਭੂ ਆਪਣੀ ਮੇਹਰ ਦੀ ਨਜ਼ਰ ਕਰਦਾ ਹੈ, ਉਹ ਗੁਰੂ ਦੀ ਸਰਨ ਪੈ ਕੇ ਸ਼ਬਦ ਨੂੰ (ਹਿਰਦੇ ਵਿਚ ਵਸਾਂਦੇ ਹਨ) ਸਿਫ਼ਤ-ਸਾਲਾਹ ਨੂੰ (ਹਿਰਦੇ ਵਿਚ ਵਸਾਂਦੇ ਹਨ) ॥੫॥
44155	1032	ਸੁਣਿ ਸੁਣਿ ਆਖੈ ਕੇਤੀ ਬਾਣੀ॥		Sun Sun Aakhai Kaethee Baanee ||	Many listen and listen, and speak the Guru's Bani.	(ਦੂਜਿਆਂ ਪਾਸੋਂ) ਸੁਣ ਸੁਣ ਕੇ ਬੇਅੰਤ ਲੁਕਾਈ ਸਿਫ਼ਤ-ਸਾਲਾਹ ਦੀ ਬਾਣੀ ਭੀ ਬੋਲਦੀ ਹੈ।

44156	1032	ਸੁਣਿ ਕਹੀਐ ਕੋ ਅੰਤੁ ਨ ਜਾਣੀ॥		Sun Keheeai Ko Anth N Jaanee ||	Listening and speaking, no one knows His limits.	ਸੁਣ ਸੁਣ ਕੇ ਪ੍ਰਭੂ ਦੇ ਗੁਣਾਂ ਦਾ ਕਥਨ ਕਰ ਲਈਦਾ ਹੈ, ਪਰ ਕੋਈ ਜੀਵ ਉਸ ਦੇ ਗੁਣਾਂ ਦਾ ਅੰਤ ਨਹੀਂ ਜਾਣਦਾ।
44157	1032	ਜਾ ਕਉ ਅਲਖੁ ਲਖਾਏ ਆਪੇ ਅਕਥ ਕਥਾ ਬੁਧਿ ਤਾਹਾ ਹੇ॥੬॥	ਅ-ਲਖੁ, ਅ-ਕਥ: ਪੋਲਾ ਬੋਲੋ	Jaa Ko Alakh Lakhaaeae Aapae Akathh Kathhaa Budhh Thaahaa Hae ||6||	He alone is wise, unto whom the unseen Lord reveals Himself; he speaks the Unspoken Speech. ||6||	ਜਿਸ ਮਨੁੱਖ ਨੂੰ ਉਹ ਅਦ੍ਰਿਸ਼ਟ ਪ੍ਰਭੂ ਆਪਣਾ ਆਪਾ ਵਿਖਾਂਦਾ ਹੈ, ਉਸ ਮਨੁੱਖ ਨੂੰ ਉਹ ਬੁੱਧੀ ਪ੍ਰਾਪਤ ਹੋ ਜਾਂਦੀ ਹੈ ਜਿਸ ਨਾਲ ਉਹ ਉਸ ਅਕੱਥ ਪ੍ਰਭੂ ਦੀਆਂ ਕਥਾ-ਕਹਾਣੀਆਂ ਕਰਦਾ ਰਹਿੰਦਾ ਹੈ ॥੬॥
44158	1032	ਜਨਮੇ ਕਉ ਵਾਜਹਿ ਵਾਧਾਏ॥		Janamae Ko Vaajehi Vaadhhaaeae ||	At birth, the congratulations pour in;	(ਜਦੋਂ ਕੋਈ ਜੀਵ ਜੰਮਦਾ ਹੈ ਤਾਂ ਉਸ ਦੇ) ਜੰਮਣ ਤੇ ਵਾਜੇ ਵੱਜਦੇ ਹਨ, ਵਧਾਈਆਂ ਮਿਲਦੀਆਂ ਹਨ,
44159	1032	ਸੋਹਿਲੜੇ ਅਗਿਆਨੀ ਗਾਏ॥		Sohilarrae Agiaanee Gaaeae ||	The ignorant sing songs of joy.	ਗਿਆਨ ਤੋਂ ਸੱਖਣੇ ਲੋਕ ਖ਼ੁਸ਼ੀ ਦੇ ਗੀਤ ਗਾਂਦੇ ਹਨ।
44160	1032	ਜੋ ਜਨਮੈ ਤਿਸੁ ਸਰਪਰ ਮਰਣਾ ਕਿਰਤੁ ਪਇਆ ਸਿਰਿ ਸਾਹਾ ਹੇ॥੭॥		Jo Janamai This Sarapar Maranaa Kirath Paeiaa Sir Saahaa Hae ||7||	Whoever is born, is sure to die, according to the destiny of past deeds inscribed upon his head by the Sovereign Lord King. ||7||	ਪਰ ਜੇਹੜਾ ਜੀਵ ਜੰਮਦਾ ਹੈ ਉਸ ਨੇ ਮਰਨਾ ਭੀ ਜ਼ਰੂਰ ਹੈ। ਹਰੇਕ ਜੀਵ ਦੇ ਕੀਤੇ ਕਰਮਾਂ ਅਨੁਸਾਰ (ਮੌਤ ਦਾ) ਮੁਹੂਰਤ ਉਸ ਦੇ ਮੱਥੇ ਤੇ ਲਿਖਿਆ ਜਾਂਦਾ ਹੈ ॥੭॥
44161	1032	ਸੰਜੋਗੁ ਵਿਜੋਗੁ ਮੇਰੈ ਪ੍ਰਭਿ ਕੀਏ॥		Sanjog Vijog Maerai Prabh Keeeae ||	Union and separation were created by my God.	(ਜੰਮ ਕੇ ਪਰਵਾਰ ਵਿਚ) ਮਿਲਣਾ ਤੇ (ਮਰ ਕੇ ਪਰਵਾਰ ਤੋਂ) ਵਿਛੁੜਨਾ-ਇਹ ਖੇਡ ਪਰਮਾਤਮਾ ਨੇ ਬਣਾ ਦਿੱਤੀ ਹੈ।

44162	1032	ਸ੍ਰਿਸਟਿ ਉਪਾਇ ਦੁਖਾ ਸੁਖ ਦੀਏ॥	ਦੁੱਖਾਂ	Srisatt Oupaae Dhukhaa Sukh Dheeeae ||	Creating the Universe, He gave it pain and pleasure.	ਜਗਤ ਪੈਦਾ ਕਰ ਕੇ ਦੁੱਖ ਸੁਖ ਭੀ ਉਸੇ ਨੇ ਹੀ ਦਿੱਤੇ ਹਨ।
44163	1032	ਦੁਖ ਸੁਖ ਹੀ ਤੇ ਭਏ ਨਿਰਾਲੇ ਗੁਰਮੁਖਿ ਸੀਲੁ ਸਨਾਹਾ ਹੇ ॥੮॥		Dhukh Sukh Hee Thae Bheae Niraalae Guramukh Seel Sanaahaa Hae ||8||	The Gurmukhs remain unaffected by pain and pleasure; they wear the armor of humility. ||8||	ਜੇਹੜੇ ਬੰਦੇ ਗੁਰੂ ਦੀ ਸਰਨ ਪੈ ਕੇ ਮਿੱਠੇ ਸੁਭਾਵ ਦਾ ਸੰਜੋਅ ਪਹਿਨਦੇ ਹਨ ਉਹ ਦੁੱਖ ਸੁਖ ਤੋਂ ਨਿਰਲੇਪ ਰਹਿੰਦੇ ਹਨ ॥੮॥
44164	1032	ਨੀਕੇ ਸਾਚੇ ਕੇ ਵਾਪਾਰੀ॥		Neekae Saachae Kae Vaapaaree ||	The noble people are traders in Truth.	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਨਾਮ ਵਿਹਾਝਣ ਵਾਲੇ ਬੰਦੇ ਚੰਗੇ ਜੀਵਨ ਵਾਲੇ ਹੁੰਦੇ ਹਨ।
44165	1032	ਸਚੁ ਸਉਦਾ ਲੈ ਗੁਰ ਵੀਚਾਰੀ॥	ਸਉੱਦਾ	Sach Soudhaa Lai Gur Veechaaree ||	They purchase the true merchandise, contemplating the Guru.	ਗੁਰੂ ਦੀ ਦੱਸੀ ਵਿਚਾਰ ਤੇ ਤੁਰ ਕੇ ਇਥੋਂ ਸਦਾ-ਥਿਰ ਰਹਿਣ ਵਾਲਾ ਸੌਦਾ ਲੈ ਕੇ ਜਾਂਦੇ ਹਨ।
44166	1032	ਸਚਾ ਵਖਰੁ ਜਿਸੁ ਧਨੁ ਪਲੈ ਸਬਦਿ ਸਚੈ ਓਮਾਹਾ ਹੇ॥੯॥		Sachaa Vakhar Jis Dhhan Palai Sabadh Sachai Oumaahaa Hae ||9||	One who has the wealth of the true commodity in his lap, is blessed with the rapture of the True Shabad. ||9||	ਜਿਸ ਮਨੁੱਖ ਦੇ ਪੱਲੇ ਸਦਾ-ਥਿਰ ਰਹਿਣ ਵਾਲਾ ਸੌਦਾ ਹੈ ਧਨ ਹੈ ਉਹ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਦੀ ਰਾਹੀਂ ਆਤਮਕ ਉਤਸ਼ਾਹ ਪ੍ਰਾਪਤ ਕਰਦੇ ਹਨ ॥੯॥
44167	1032	ਕਾਚੀ ਸਉਦੀ ਤੋਟਾ ਆਵੈ॥	ਕੱਚੀਂ, ਸਉੱਦੀਂ	Kaachee Soudhee Thottaa Aavai ||	The false dealings lead only to loss.	ਨਿਰੇ ਮਾਇਆ ਵਾਲੇ ਹੋਛੇ ਵਣਜ ਕੀਤਿਆਂ (ਆਤਮਕ ਜੀਵਨ ਵਿਚ) ਘਾਟਾ ਪੈਂਦਾ ਹੈ।

44168	1032	ਗੁਰਮੁਖਿ ਵਣਜੁ ਕਰੇ ਪ੍ਰਭ ਭਾਵੈ॥		Guramukh Vanaj Karae Prabh Bhaavai ||	The trades of the Gurmukh are pleasing to God.	ਗੁਰੂ ਦੇ ਸਨਮੁਖ ਰਹਿਣ ਵਾਲਾ ਬੰਦਾ ਉਹ (ਆਤਮਕ) ਵਪਾਰ ਕਰਦਾ ਹੈ ਜੋ ਪ੍ਰਭੂ ਨੂੰ ਪਸੰਦ ਆਉਂਦਾ ਹੈ।
44169	1032	ਪੂੰਜੀ ਸਾਬਤੁ ਰਾਸਿ ਸਲਾਮਤਿ ਚੂਕਾ ਜਮ ਕਾ ਫਾਹਾ ਹੇ॥੧੦॥		Poonjee Saabath Raas Salaamath Chookaa Jam Kaa Faahaa Hae ||10||	His stock is safe, and his capital is safe and sound. The noose of Death is cut away from around his neck. ||10||	ਉਸ ਦਾ ਸਰਮਾਇਆ ਉਸ ਦੀ ਰਾਸਿ-ਪੂੰਜੀ ਅਮਨ-ਅਮਾਨ ਰਹਿੰਦੀ ਹੈ, ਆਤਮਕ ਮੌਤ ਦੀ ਫਾਹੀ ਉਸ ਦੇ ਗਲ ਤੋਂ ਕੱਟੀ ਜਾਂਦੀ ਹੈ ॥੧੦॥
44170	1033	ਸਭੁ ਕੋ ਬੋਲੈ ਆਪਣ ਭਾਣੈ॥		Sabh Ko Bolai Aapan Bhaanai ||	Everyone speaks as they please.	ਹਰੇਕ ਮਨੁੱਖ ਪ੍ਰਭੂ ਤੋਂ ਬਿਨਾ ਹੋਰ ਆਸਰੇ ਦੀ ਝਾਕ ਵਿਚ ਆਪਣੇ ਸੁਆਰਥ ਦੇ ਸੁਭਾਵ ਵਿਚ ਹੀ (ਸਭ ਬਚਨ) ਬੋਲਦਾ ਹੈ,
44171	1033	ਮਨਮੁਖੁ ਦੂਜੈ ਬੋਲਿ ਨ ਜਾਣੈ॥		Manamukh Dhoojai Bol N Jaanai ||	The self-willed manmukh, in duality, does not know how to speak.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ (ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਬੋਲ) ਬੋਲਣਾ ਨਹੀਂ ਜਾਣਦਾ।
44172	1033	ਅੰਧੁਲੇ ਕੀ ਮਤਿ ਅੰਧਲੀ ਬੋਲੀ ਆਇ ਗਇਆ ਦੁਖੁ ਤਾਹਾ ਹੇ॥੧੧॥		Andhhulae Kee Math Andhhalee Bolee Aae Gaeiaa Dhukh Thaahaa Hae ||11||	The blind person has a blind and deaf intellect; coming and going in reincarnation, he suffers in pain. ||11||	ਮਾਇਆ ਦੇ ਮੋਹ ਵਿਚ ਅੰਨ੍ਹੇ ਹੋ ਚੁਕੇ ਮਨੁੱਖ ਦੀ ਅਕਲ ਅੰਨ੍ਹੀ ਤੇ ਬੋਲੀ ਹੋ ਜਾਂਦੀ ਹੈ (ਉਸ ਨੂੰ ਨਾਹ ਕਿਤੇ ਪਰਮਾਤਮਾ ਦਿੱਸਦਾ ਹੈ, ਨਾਹ ਹੀ ਉਸ ਦੀ ਸਿਫ਼ਤ-ਸਾਲਾਹ ਉਹ ਸੁਣਦਾ ਹੈ)। ਉਸ ਨੂੰ ਜਨਮ ਮਰਨ ਦੇ ਗੇੜ ਦਾ ਦੁੱਖ ਵਾਪਰਦਾ ਰਹਿੰਦਾ ਹੈ ॥੧੧॥

44173	1033	ਦੁਖ ਮਹਿ ਜਨਮੈ ਦੁਖ ਮਹਿ ਮਰਣਾ॥		Dhukh Mehi Janamai Dhukh Mehi Maranaa ||	In pain he is born, and in pain he dies.	ਮਨਮੁਖ ਮਨੁੱਖ ਦੁੱਖਾਂ ਵਿਚ ਗ੍ਰਸਿਆ ਜੰਮਦਾ ਹੈ (ਸਾਰੀ ਉਮਰ ਦੁੱਖ ਸਹੇੜ ਸਹੇੜ ਕੇ) ਦੁੱਖਾਂ ਵਿਚ ਹੀ ਮਰਦਾ ਹੈ।
44174	1033	ਦੂਖੁ ਨ ਮਿਟੈ ਬਿਨੁ ਗੁਰ ਕੀ ਸਰਣਾ॥		Dhookh N Mittai Bin Gur Kee Saranaa ||	His pain is not relieved, without seeking the Sanctuary of the Guru.	ਗੁਰੂ ਦੀ ਸਰਨ ਪੈਣ ਤੋਂ ਬਿਨਾ (ਇਹ ਜਨਮਾਂ ਜਨਮਾਂਤਰਾਂ ਦਾ ਲੰਮਾ) ਦੁੱਖ ਮਿਟ ਨਹੀਂ ਸਕਦਾ।
44175	1033	ਦੂਖੀ ਉਪਜੈ ਦੂਖੀ ਬਿਨਸੈ ਕਿਆ ਲੈ ਆਇਆ ਕਿਆ ਲੈ ਜਾਹਾ ਹੇ॥੧੨॥		Dhookhee Oupajai Dhookhee Binasai Kiaa Lai Aaeiaa Kiaa Lai Jaahaa Hae ||12||	In pain he is created, and in pain he perishes. What has he brought with himself? And what will he take away? ||12||	ਦੁੱਖਾਂ ਵਿਚ ਜੰਮਦਾ ਤੇ ਦੁੱਖਾਂ ਵਿਚ ਹੀ ਮਰਦਾ ਹੈ, ਸੁਚੱਜਾ ਆਤਮਕ ਜੀਵਨ ਨਾਹ ਹੀ ਲੈ ਕੇ ਇਥੇ ਆਉਂਦਾ ਹੈ, ਨਾਹ ਹੀ ਇਥੋਂ ਲੈ ਕੇ ਜਾਂਦਾ ਹੈ ॥੧੨॥
44176	1033	ਸਚੀ ਕਰਣੀ ਗੁਰ ਕੀ ਸਿਰਕਾਰਾ॥	(ਸਿਰਕਾਰਾ) ਪਾਤਿਸਾਹੀ	Sachee Karanee Gur Kee Sirakaaraa ||	True are the actions of those who are under the Guru's influence.	ਗੁਰੂ ਦੀ ਅਗਵਾਈ ਵਿਚ ਤੁਰਨਾ ਹੀ ਸਹੀ ਜੀਵਨ-ਰਸਤਾ ਹੈ,
44177	1033	ਆਵਣੁ ਜਾਣੁ ਨਹੀ ਜਮ ਧਾਰਾ॥		Aavan Jaan Nehee Jam Dhhaaraa ||	They do not come and go in reincarnation, and they are not subject to the laws of Death.	ਇਸ ਤਰ੍ਹਾਂ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ, ਆਤਮਕ ਮੌਤ ਦਾ ਰਸਤਾ ਭੀ ਨਹੀਂ ਫੜੀਦਾ।

44178	1033	ਡਾਲ ਛੋਡਿ ਤਤੁ ਮੂਲੁ ਪਰਾਤਾ ਮਨਿ ਸਾਚਾ ਓਮਾਹਾ ਹੇ॥੧੩॥		Ddaal Shhodd Thath Mool Paraathaa Man Saachaa Oumaahaa Hae ||13||	Whoever abandons the branches, and clings to the true root, enjoys true ecstasy within his mind. ||13||	ਜੇਹੜਾ ਮਨੁੱਖ (ਗੁਰੂ ਦੀ ਅਗਵਾਈ ਵਿਚ) ਟਾਹਣੀਆਂ ਛੱਡ ਕੇ ਮੂਲ ਨੂੰ ਪਛਾਣਦਾ ਹੈ (ਪ੍ਰਭੂ ਦੀ ਰਚੀ ਮਾਇਆ ਦਾ ਮੋਹ ਛੱਡ ਕੇ ਸਿਰਜਣਹਾਰ ਪ੍ਰਭੂ ਨਾਲ ਜਾਣ-ਪਛਾਣ ਪਾਂਦਾ ਹੈ) ਉਸ ਦੇ ਮਨ ਵਿਚ ਸਦਾ-ਥਿਰ ਰਹਿਣ ਵਾਲਾ ਉਤਸ਼ਾਹ ਪੈਦਾ ਹੁੰਦਾ ਹੈ ॥੧੩॥
44179	1033	ਹਰਿ ਕੇ ਲੋਗ ਨਹੀ ਜਮੁ ਮਾਰੈ॥		Har Kae Log Nehee Jam Maarai ||	Death cannot strike down the people of the Lord.	ਜੇਹੜੇ ਬੰਦੇ ਪਰਮਾਤਮਾ ਦੇ ਸੇਵਕ ਬਣਦੇ ਹਨ ਉਹਨਾਂ ਨੂੰ ਜਮ ਨਹੀਂ ਮਾਰ ਸਕਦਾ (ਆਤਮਕ ਮੌਤ ਨਹੀਂ ਮਾਰ ਸਕਦੀ),
44180	1033	ਨਾ ਦੁਖੁ ਦੇਖਹਿ ਪੰਥਿ ਕਰਾਰੈ॥		Naa Dhukh Dhaekhehi Panthh Karaarai ||	They do not see pain on the most difficult path.	ਉਹ (ਆਤਮਕ ਮੌਤ ਦੇ) ਕਰੜੇ ਰਸਤੇ ਤੇ (ਨਹੀਂ ਪੈਂਦੇ ਤੇ) ਦੁੱਖ ਨਹੀਂ ਵੇਖਦੇ।
44181	1033	ਰਾਮ ਨਾਮੁ ਘਟ ਅੰਤਰਿ ਪੂਜਾ ਅਵਰੁ ਨ ਦੂਜਾ ਕਾਹਾ ਹੇ॥੧੪॥	ਪੂਜਾ: ਪੋਲਾ ਬੋਲੋ	Raam Naam Ghatt Anthar Poojaa Avar N Dhoojaa Kaahaa Hae ||14||	Deep within the nucleus of their hearts, they worship and adore the Lord's Name; there is nothing else at all for them. ||14||	ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ (ਉਹ ਅੰਤਰ ਆਤਮੇ ਪਰਮਾਤਮਾ ਦੀ) ਭਗਤੀ ਕਰਦੇ ਹਨ। ਉਹਨਾਂ ਨੂੰ (ਮਾਇਆ ਦਾ) ਕੋਈ ਹੋਰ ਬਖੇੜਾ ਨਹੀਂ ਵਾਪਰਦਾ ॥੧੪॥

44182	1033	ਓੜੁ ਨ ਕਥਨੈ ਸਿਫਤਿ ਸਜਾਈ॥	(ਸਿਫਤਿ) ਮਹਿਮਾ (ਸਜਾਈ) ਸਜਾਉਣਾ ਕੀਤੀ ਹੀ	Ourr N Kathhanai Sifath Sajaaee ||	There is no end to the Lord's sermon and Praise.	ਹੇ ਪ੍ਰਭੂ! (ਤੇਰੇ ਭਗਤ) ਤੇਰੀਆਂ ਸੋਹਣੀਆਂ ਸਿਫ਼ਤਾਂ ਕਰਦੇ ਰਹਿੰਦੇ ਹਨ ਉਹਨਾਂ ਦੇ ਇਸ ਉੱਦਮ ਦਾ ਖ਼ਾਤਮਾ ਨਹੀਂ ਹੁੰਦਾ।
44183	1033	ਜਿਉ ਤੁਧੁ ਭਾਵਹਿ ਰਹਹਿ ਰਜਾਈ॥	ਰਹ-ਹਿ	Jio Thudhh Bhaavehi Rehehi Rajaaee ||	As it pleases You, I remain under Your Will.	(ਉਹ) ਜਿਵੇਂ ਤੈਨੂੰ ਚੰਗੇ ਲੱਗਦੇ ਹਨ ਤੇਰੀ ਰਜ਼ਾ ਵਿਚ ਰਹਿੰਦੇ ਹਨ।
44184	1033	ਦਰਗਹ ਪੈਧੇ ਜਾਨਿ ਸੁਹੇਲੇ ਹੁਕਮਿ ਸਚੇ ਪਾਤਿਸਾਹਾ ਹੇ॥੧੫॥		Dharageh Paidhhae Jaan Suhaelae Hukam Sachae Paathisaahaa Hae ||15||	I am embellished with robes of honor in the Court of the Lord, by the Order of the True King. ||15||	ਹੇ ਸਦਾ-ਥਿਰ ਰਹਿਣ ਵਾਲੇ ਪਾਤਿਸ਼ਾਹ! ਤੇਰੇ ਹੁਕਮ ਅਨੁਸਾਰ ਉਹ ਤੇਰੀ ਹਜ਼ੂਰੀ ਵਿਚ ਇੱਜ਼ਤ ਨਾਲ ਸੌਖੇ ਪਹੁੰਚਦੇ ਹਨ ॥੧੫॥
44185	1033	ਕਿਆ ਕਹੀਐ ਗੁਣ ਕਥਹਿ ਘਨੇਰੇ॥		Kiaa Keheeai Gun Kathhehi Ghanaerae ||	How can I chant Your uncounted glories?	ਹੇ ਪ੍ਰਭੂ! ਅਨੇਕਾਂ ਹੀ ਜੀਵ ਤੇਰੇ ਗੁਣ ਕਥਨ ਕਰਦੇ ਹਨ, ਤੇਰੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ।
44186	1033	ਅੰਤੁ ਨ ਪਾਵਹਿ ਵਡੇ ਵਡੇਰੇ॥		Anth N Paavehi Vaddae Vaddaerae ||	Even the greatest of the great do not know Your limits.	(ਦੁਨੀਆ ਵਿਚ) ਵੱਡੇ ਵੱਡੇ (ਦੇਵਤੇ ਆਦਿਕ ਅਖਵਾਣ ਵਾਲੇ ਭੀ) ਤੇਰੇ ਗੁਣਾਂ ਦਾ ਅੰਤ ਨਹੀਂ ਪਾ ਸਕਦੇ।

44187	1033	ਨਾਨਕ ਸਾਚੁ ਮਿਲੈ ਪਤਿ ਰਾਖਹੁ ਤੂ ਸਿਰਿ ਸਾਹਾ ਪਾਤਿਸਾਹਾ ਹੇ॥੧੬॥੬॥੧੨॥		Naanak Saach Milai Path Raakhahu Thoo Sir Saahaa Paathisaahaa Hae ||16||6||12||	Please bless Nanak with the Truth, and preserve his honor; You are the supreme emperor above the heads of kings. ||16||6||12||	ਹੇ ਪ੍ਰਭੂ! ਤੂੰ ਪਾਤਿਸ਼ਾਹਾਂ ਦੇ ਸਿਰ ਤੇ ਭੀ ਪਾਤਿਸ਼ਾਹ ਹੈਂ (ਮੇਰੀ ਅਰਦਾਸ ਹੈ) ਮੈਨੂੰ ਨਾਨਕ ਨੂੰ ਤੇਰਾ ਸਦਾ-ਥਿਰ ਰਹਿਣ ਵਾਲਾ ਨਾਮ ਮਿਲ ਜਾਏ, ਮੇਰੀ ਲਾਜ ਰੱਖ ॥੧੬॥੬॥੧੨॥
44188	1033	ਮਾਰੂ ਮਹਲਾ ੧ ਦਖਣੀ॥		Maaroo Mehalaa 1 Dhakhanee ||	Maaroo, First Mehl, Dakhanee:	
44189	1033	ਕਾਇਆ ਨਗਰੁ ਨਗਰ ਗੜ ਅੰਦਰਿ॥	ਨੱਗਰੁ।ਨੱਗਰ। ਗੜ੍।ਦੱਖਣੀ	Kaaeiaa Nagar Nagar Garr Andhar ||	Deep within the body-village is the fortress.	(ਲੋਕ ਆਪਣੇ ਵੱਸਣ ਵਾਸਤੇ ਸ਼ਹਿਰ ਵਸਾਂਦੇ ਹਨ ਤੇ ਰਾਖੀ ਵਾਸਤੇ ਕਿਲ੍ਹੇ ਬਣਾਂਦੇ ਹਨ, ਇਹਨਾਂ) ਸ਼ਹਿਰਾਂ ਤੇ ਕਿਲ੍ਹਿਆਂ (ਦੀ ਗਿਣਤੀ) ਵਿਚ (ਮਨੁੱਖਾ) ਸਰੀਰ ਭੀ ਇਕ ਸ਼ਹਿਰ ਹੈ।
44190	1033	ਸਾਚਾ ਵਾਸਾ ਪੁਰਿ ਗਗਨੰਦਰਿ॥	(ਗਗਨੰਦਰਿ) ਵਾਹਿਗੁਰੂ ਜੀ ਅਕਾਸ਼ ਅੰਦਰ (ਪੁਰਿ) ਪੂਰਨ ਹਨ	Saachaa Vaasaa Pur Gaganandhar ||	The dwelling of the True Lord is within the city of the Tenth Gate.	(ਇਹ ਸ਼ਹਿਰ ਪਰਮਾਤਮਾ ਨੇ ਆਪਣੇ ਵੱਸਣ ਲਈ ਵਸਾਇਆ ਹੈ), ਇਸ ਸ਼ਹਿਰ ਵਿਚ ਇਸ ਦੇ ਦਸਮ ਦੁਆਰ ਵਿਚ ਪ੍ਰਭੂ ਸਦਾ-ਥਿਰ ਨਿਵਾਸ ਹੈ।
44191	1033	ਅਸਥਿਰੁ ਥਾਨੁ ਸਦਾ ਨਿਰਮਾਇਲੁ ਆਪੇ ਆਪੁ ਉਪਾਇਦਾ॥੧॥		Asathhir Thhaan Sadhaa Niramaaeil Aapae Aap Oupaaeidhaa ||1||	This place is permanent and forever immaculate. He Himself created it. ||1||	ਉਹ ਪਰਮਾਤਮਾ ਪਵਿਤ੍ਰ-ਸਰੂਪ ਹੈ, ਉਸ ਦਾ ਟਿਕਾਣਾ ਸਦਾ ਕਾਇਮ ਰਹਿਣ ਵਾਲਾ ਹੈ, ਉਹ ਆਪ ਹੀ ਆਪਣੇ ਆਪ ਨੂੰ (ਸਰੀਰਾਂ ਦੇ ਰੂਪ ਵਿਚ) ਪਰਗਟ ਕਰਦਾ ਹੈ ॥੧॥

44192	1033	ਅੰਦਰਿ ਕੋਟ ਛਜੇ ਹਟਨਾਲੇ॥	(ਹਟਨਾਲੇ) ਬਜ਼ਾਰ। ਛੱਜੇ	Andhar Kott Shhajae Hattanaalae ||	Within the fortress are balconies and bazaars.	ਇਸ (ਸਰੀਰ-) ਕਿਲ੍ਹੇ ਦੇ ਅੰਦਰ ਹੀ, ਮਾਨੋ, ਛੱਜੇ ਤੇ ਬਾਜ਼ਾਰ ਹਨ,
44193	1033	ਆਪੇ ਲੇਵੈ ਵਸਤੁ ਸਮਾਲੇ॥		Aapae Laevai Vasath Samaalae ||	He Himself takes care of His merchandise.	ਜਿਨ੍ਹਾਂ ਵਿਚ ਪ੍ਰਭੂ ਆਪ ਹੀ ਸੌਦਾ ਖ਼ਰੀਦਦਾ ਹੈ ਤੇ ਸਾਂਭਦਾ ਹੈ।
44194	1033	ਬਜਰ ਕਪਾਟ ਜੜੇ ਜੜਿ ਜਾਣੈ ਗੁਰ ਸਬਦੀ ਖੋਲਾਇਦਾ॥੨॥		Bajar Kapaatt Jarrae Jarr Jaanai Gur Sabadhee Kholaaeidhaa ||2||	The hard and heavy doors of the Tenth Gate are closed and locked. Through the Word of the Guru's Shabad, they are thrown open. ||2||	(ਮਾਇਆ ਦੇ ਮੋਹ ਦੇ) ਕਰੜੇ ਕਵਾੜ ਭੀ ਅੰਦਰ ਜੜੇ ਪਏ ਹਨ, ਪਰਮਾਤਮਾ ਆਪ ਹੀ ਇਹ ਕਵਾੜ ਬੰਦ ਕਰਨੇ ਜਾਣਦਾ ਹੈ ਤੇ ਆਪ ਹੀ ਗੁਰੂ ਦੇ ਸ਼ਬਦ ਵਿਚ (ਜੀਵ ਨੂੰ ਜੋੜ ਕੇ ਕਵਾੜ) ਖੁਲ੍ਹਾ ਦੇਂਦਾ ਹੈ ॥੨॥
44195	1033	ਭੀਤਰਿ ਕੋਟ ਗੁਫਾ ਘਰ ਜਾਈ॥		Bheethar Kott Gufaa Ghar Jaaee ||	Within the fortress is the cave, the home of the self.	ਇਸ (ਸਰੀਰ) ਕਿਲ੍ਹੇ ਗੁਫ਼ਾ ਵਿਚ ਪਰਮਾਤਮਾ ਦੀ ਰਿਹੈਸ਼ ਦਾ ਥਾਂ ਹੈ।
44196	1033	ਨਉ ਘਰ ਥਾਪੇ ਹੁਕਮਿ ਰਜਾਈ॥		No Ghar Thhaapae Hukam Rajaaee ||	He established the nine gates of this house, by His Command and His Will.	ਰਜ਼ਾ ਦੇ ਮਾਲਕ ਪ੍ਰਭੂ ਨੇ ਆਪਣੇ ਹੁਕਮ ਵਿਚ ਹੀ (ਇਸ ਕਿਲ੍ਹੇ ਵਿਚ) ਨੌ ਘਰ ਬਣਾ ਦਿੱਤੇ ਹਨ (ਜੋ ਪਰੱਤਖ ਦਿਸਦੇ ਹਨ)।
44197	1033	ਦਸਵੈ ਪੁਰਖੁ ਅਲੇਖੁ ਅਪਾਰੀ ਆਪੇ ਅਲਖੁ ਲਖਾਇਦਾ॥੩॥	ਅ-ਲਖੁ	Dhasavai Purakh Alaekh Apaaree Aapae Alakh Lakhaaeidhaa ||3||	In the Tenth Gate, the Primal Lord, the unknowable and infinite dwells; the unseen Lord reveals Himself. ||3||	ਦਸਵੇਂ ਘਰ ਵਿਚ (ਜੋ ਗੁਪਤ ਹੈ) ਸਰਬ-ਵਿਆਪਕ ਲੇਖੇ ਤੋਂ ਰਹਿਤ ਤੇ ਬੇਅੰਤ ਪ੍ਰਭੂ ਆਪ ਵੱਸਦਾ ਹੈ। ਉਹ ਅਦ੍ਰਿਸ਼ਟ ਪ੍ਰਭੂ ਆਪ ਹੀ ਆਪਣੇ ਆਪ ਦਾ ਦਰਸ਼ਨ ਕਰਾਂਦਾ ਹੈ ॥੩॥

44198	1033	ਪਉਣ ਪਾਣੀ ਅਗਨੀ ਇਕ ਵਾਸਾ॥		Poun Paanee Aganee Eik Vaasaa ||	Within the body of air, water and fire, the One Lord dwells.	(ਇਸ ਸਰੀਰ ਵਿਚ ਉਸ ਨੇ) ਹਵਾ, ਪਾਣੀ, ਅੱਗ (ਆਦਿਕ ਤੱਤਾਂ) ਨੂੰ ਇਕੱਠੇ ਵਸਾ ਦਿੱਤਾ ਹੈ।
44199	1033	ਆਪੇ ਕੀਤੋ ਖੇਲੁ ਤਮਾਸਾ॥	ਖ੍ਹੇਲੁ	Aapae Keetho Khael Thamaasaa ||	He Himself stages His wondrous dramas and plays.	(ਜਗਤ-ਰਚਨਾ ਦਾ) ਖੇਲ ਤੇ ਤਮਾਸ਼ਾ ਉਸ ਨੇ ਆਪ ਹੀ ਰਚਿਆ ਹੋਇਆ ਹੈ।
44200	1033	ਬਲਦੀ ਜਲਿ ਨਿਵਰੈ ਕਿਰਪਾ ਤੇ ਆਪੇ ਜਲਨਿਧਿ ਪਾਇਦਾ॥੪॥		Baladhee Jal Nivarai Kirapaa Thae Aapae Jal Nidhh Paaeidhaa ||4||	By His Grace, water puts out the burning fire; He Himself stores it up in the watery ocean. ||4||	ਜੇਹੜੀ ਬਲਦੀ ਅੱਗ ਉਸ ਦੀ ਕਿਰਪਾ ਦੀ ਰਾਹੀਂ ਪਾਣੀ ਨਾਲ ਬੁੱਝ ਜਾਂਦੀ ਹੈ ਉਹ ਅੱਗ (ਬੜਵਾ ਅਗਨੀ) ਉਸ ਨੇ ਸਮੁੰਦਰ ਵਿਚ ਟਿਕਾ ਰੱਖੀ ਹੈ ॥੪॥
44201	1033	ਧਰਤਿ ਉਪਾਇ ਧਰੀ ਧਰਮਸਾਲਾ ॥		Dhharath Oupaae Dhharee Dhharam Saalaa ||	Creating the earth, He established it as the home of Dharma.	ਧਰਤੀ ਪੈਦਾ ਕਰ ਕੇ ਪਰਮਾਤਮਾ ਨੇ ਇਸ ਨੂੰ ਧਰਮ ਕਮਾਣ ਲਈ ਥਾਂ ਬਣਾ ਦਿੱਤਾ ਹੈ।
44202	1033	ਉਤਪਤਿ ਪਰਲਉ ਆਪਿ ਨਿਰਾਲਾ॥		Outhapath Paralo Aap Niraalaa ||	Creating and destroying, He remains unattached.	ਜਗਤ ਦੀ ਉਤਪੱਤੀ ਤੇ ਪਰਲੋ ਕਰਨ ਵਾਲਾ ਆਪ ਹੀ ਹੈ, ਪਰ ਆਪ ਇਸ ਉਤਪੱਤੀ ਪਰਲੋ ਤੋਂ ਨਿਰਲੇਪ ਰਹਿੰਦਾ ਹੈ।

44203	1033	ਪਵਣੈ ਖੇਲੁ ਕੀਆ ਸਭ ਥਾਈ ਕਲਾ ਖਿੰਚਿ ਢਾਹਾਇਦਾ॥੫॥	ਥਾਂਈਂ	Pavanai Khael Keeaa Sabh Thhaaee Kalaa Khinch Dtaahaaeidhaa ||5||	He stages the play of the breath everywhere. Withdrawing His power, He lets the beings crumble. ||5||	ਹਰ ਥਾਂ (ਭਾਵ, ਸਭ ਜੀਵਾਂ ਵਿਚ) ਉਸ ਨੇ ਸੁਆਸਾਂ ਦੀ ਖੇਡ ਰਚੀ ਹੋਈ ਹੈ (ਭਾਵ, ਸੁਆਸਾਂ ਦੇ ਆਸਰੇ ਜੀਵ ਜਿਉਂਦੇ ਰੱਖੇ ਹੋਏ ਹਨ), ਆਪ ਹੀ (ਇਹ ਸੁਆਸਾਂ ਦੀ) ਤਾਕਤ ਖਿੱਚ ਕੇ (ਕੱਢ ਕੇ ਸਰੀਰਾਂ ਦੀ ਖੇਡ ਨੂੰ) ਢਾਹ ਦੇਂਦਾ ਹੈ ॥੫॥
44204	1033	ਭਾਰ ਅਠਾਰਹ ਮਾਲਣਿ ਤੇਰੀ॥		Bhaar Athaareh Maalan Thaeree ||	Your gardener is the vast vegetation of nature.	ਹੇ ਪ੍ਰਭੂ! ਸਾਰੀ ਸ੍ਰਿਸ਼ਟੀ ਦੀ ਬਨਸਪਤੀ (ਤੇਰੇ ਅੱਗੇ ਫੁੱਲ ਭੇਟਾ ਕਰਨ ਵਾਲੀ) ਤੇਰੀ ਮਾਲਣ ਹੈ,
44205	1033	ਚਉਰੁ ਢੁਲੈ ਪਵਣੈ ਲੈ ਫੇਰੀ॥	ਢੁਲੈ: ਪੋਲਾ ਬੋਲੋ	Chour Dtulai Pavanai Lai Faeree ||	The wind blowing around is the chauree, the fly-brush, waving over You.	(ਜੇਹੜੀ ਹਵਾ) ਫੇਰੀਆਂ ਲੈਂਦੀ ਹੈ (ਭਾਵ, ਹਰ ਪਾਸੇ ਚੱਲਦੀ ਹੈ, ਉਸ) ਹਵਾ ਦਾ (ਮਾਨੋ) ਚਉਰ (ਤੇਰੇ ਉਤੇ) ਝੁਲ ਰਿਹਾ ਹੈ।
44206	1033	ਚੰਦੁ ਸੂਰਜੁ ਦੁਇ ਦੀਪਕ ਰਾਖੇ ਸਸਿ ਘਰਿ ਸੂਰੁ ਸਮਾਇਦਾ॥੬॥		Chandh Sooraj Dhue Dheepak Raakhae Sas Ghar Soor Samaaeidhaa ||6||	The Lord placed the two lamps, the sun and the moon; the sun merges in the house of the moon. ||6||	(ਆਪਣੇ ਜਗਤ-ਮਹੱਲ ਵਿਚ) ਤੂੰ ਆਪ ਹੀ ਚੰਦ ਅਤੇ ਸੂਰਜ (ਮਾਨੋ) ਦੋ ਦੀਵੇ (ਜਗਾ) ਰੱਖੇ ਹਨ, ਚੰਦ੍ਰਮਾ ਦੇ ਘਰ ਵਿਚ ਸੂਰਜ ਸਮਾਇਆ ਹੋਇਆ ਹੈ (ਸੂਰਜ ਦੀਆਂ ਕਿਰਨਾਂ ਚੰਦ੍ਰਮਾ ਵਿਚ ਪੈ ਕੇ ਚੰਦ੍ਰਮਾ ਨੂੰ ਰੌਸ਼ਨੀ ਦੇ ਰਹੀਆਂ ਹਨ) ॥੬॥

44207	1033	ਪੰਖੀ ਪੰਚ ਉਡਰਿ ਨਹੀ ਧਾਵਹਿ॥	(ਪੰਚ) ਪੰਜ ਇੰਦ੍ਰੇ। ਉੱਡਰਿ,ਧਾਵ-ਹਿ	Pankhee Panch Ouddar Nehee Dhhaavehi ||	The five birds do not fly wild.	ਉਹਨਾਂ ਦੇ (ਗਿਆਨ-ਇੰਦ੍ਰੇ) ਪੰਛੀ ਉੱਡ ਕੇ ਬਾਹਰ (ਵਿਕਾਰਾਂ ਵਲ) ਦੌੜਦੇ ਨਹੀਂ ਫਿਰਦੇ,
44208	1033	ਸਫਲਿਓ ਬਿਰਖੁ ਅੰਮ੍ਰਿਤ ਫਲੁ ਪਾਵਹਿ॥	ਪਾਵ-ਹਿ	Safaliou Birakh Anmrith Fal Paavehi ||	The tree of life is fruitful, bearing the fruit of Ambrosial Nectar.	(ਜੇਹੜੇ) ਗੁਰਮੁਖ ਆਤਮਕ ਜੀਵਨ ਦੇਣ ਵਾਲਾ ਨਾਮ-ਫਲ ਪ੍ਰਾਪਤ ਕਰਦੇ ਹਨ। ਗੁਰੂ (ਮਾਨੋ ਅਜਿਹਾ) ਫਲ ਦੇਣ ਵਾਲਾ ਰੁੱਖ ਹੈ।
44209	1033	ਗੁਰਮੁਖਿ ਸਹਜਿ ਰਵੈ ਗੁਣ ਗਾਵੈ ਹਰਿ ਰਸੁ ਚੋਗ ਚੁਗਾਇਦਾ॥੭॥		Guramukh Sehaj Ravai Gun Gaavai Har Ras Chog Chugaaeidhaa ||7||	The Gurmukh intuitively sings the Glorious Praises of the Lord; he eats the food of the Lord's sublime essence. ||7||	ਗੁਰੂ ਦੇ ਸਨਮੁਖ ਰਹਿਣ ਵਾਲਾ ਜੀਵ-ਪੰਛੀ ਆਤਮਕ ਅਡੋਲਤਾ ਵਿਚ ਰਹਿ ਕੇ ਨਾਮ ਸਿਮਰਦਾ ਹੈ ਤੇ ਪ੍ਰਭੂ ਦੇ ਗੁਣ ਗਾਂਦਾ ਹੈ। ਪ੍ਰਭੂ ਆਪ ਹੀ ਉਸ ਨੂੰ ਆਪਣਾ ਨਾਮ-ਰਸ (ਰੂਪ) ਚੋਗ ਚੁਗਾਂਦਾ ਹੈ ॥੭॥
44210	1033	ਝਿਲਮਿਲਿ ਝਿਲਕੈ ਚੰਦੁ ਨ ਤਾਰਾ॥		Jhilamil Jhilakai Chandh N Thaaraa ||	The dazzling light glitters, although neither the moon nor the stars are shining;	('ਸਫਲ ਬਿਰਖ' ਗੁਰੂ ਪਾਸੋਂ ਆਤਮਕ ਜੀਵਨ ਦੇਣ ਵਾਲਾ ਨਾਮ-ਫਲ ਪ੍ਰਾਪਤ ਕਰਨ ਵਾਲੇ ਗੁਰਮੁਖ ਦੇ ਅੰਦਰ ਆਤਮ-ਪਰਕਾਸ਼ ਪੈਦਾ ਹੁੰਦਾ ਹੈ ਜੋ) ਐਸਾ ਝਿਲਮਿਲ ਝਿਲਮਿਲ ਕਰ ਕੇ ਚਮਕਾਰੇ ਮਾਰਦਾ ਹੈ ਕਿ ਉਸ ਦੀ ਚਮਕ ਤਕ ਨਾਹ ਚੰਦ, ਨਾਹ ਕੋਈ ਤਾਰਾ,

44211	1033	ਸੂਰਜ ਕਿਰਣਿ ਨ ਬਿਜੁਲਿ ਗੈਣਾਰਾ॥	(ਗੈਣਾਰਾ) ਅਕਾਸ਼।ਨ: ਦੇਲ੍ਹੀ ਦੀਵਾ ਦਾ ਕੰਮ ਕਰਦਾ ਹੈ	Sooraj Kiran N Bijul Gainaaraa ||	Neither the sun's rays nor the lightning flashes across the sky.	ਨਾਹ ਸੂਰਜ ਦੀ ਕਿਰਣ, ਅਤੇ ਨਾਹ ਹੀ ਆਕਾਸ਼ ਦੀ ਬਿਜਲੀ ਪਹੁੰਚ ਸਕਦੀ ਹੈ (ਬਰਾਬਰੀ ਕਰ ਸਕਦੀ ਹੈ)।
44212	1033	ਅਕਥੀ ਕਥਉ ਚਿਹਨੁ ਨਹੀ ਕੋਈ ਪੂਰਿ ਰਹਿਆ ਮਨਿ ਭਾਇਦਾ॥੮॥	ਅ-ਕਥੀ: ਪੋਲਾ ਬੋਲੋ	Akathhee Kathho Chihan Nehee Koee Poor Rehiaa Man Bhaaeidhaa ||8||	I describe the indescribable state, which has no sign, where the all-pervading Lord is still pleasing to the mind. ||8||	(ਮੈਂ ਉਸ ਪਰਕਾਸ਼ ਦਾ) ਬਿਆਨ ਤਾਂ ਕਰ ਰਿਹਾ ਹਾਂ (ਪਰ ਉਹ ਪਰਕਾਸ਼) ਬਿਆਨ ਤੋਂ ਬਾਹਰ ਹੈ ਉਸ ਦਾ ਕੋਈ ਨਿਸ਼ਾਨ ਨਹੀਂ ਦਿੱਤਾ ਜਾ ਸਕਦਾ। (ਜਿਸ ਮਨੁੱਖ ਦੇ ਅੰਦਰ ਉਹ ਪਰਕਾਸ਼ ਆਪਣਾ) ਜ਼ਹੂਰ ਕਰਦਾ ਹੈ ਉਸ ਦੇ ਮਨ ਵਿਚ ਉਹ ਬੜਾ ਪਿਆਰਾ ਲੱਗਦਾ ਹੈ ॥੮॥
44213	1033	ਪਸਰੀ ਕਿਰਣਿ ਜੋਤਿ ਉਜਿਆਲਾ॥		Pasaree Kiran Joth Oujiaalaa ||	The rays of Divine Light have spread out their brilliant radiance.	(ਜਿਸ ਗੁਰਮੁਖ ਦੇ ਅੰਦਰ 'ਸਫਲ ਬਿਰਖ' ਗੁਰੂ ਦੀ ਮੇਹਰ ਨਾਲ) ਰੱਬੀ ਜੋਤਿ ਦੀ ਕਿਰਣ ਪਰਕਾਸ਼ਦੀ ਹੈ ਉਸ ਦੇ ਅੰਦਰ (ਆਤਮਕ) ਚਾਨਣ ਹੋ ਜਾਂਦਾ ਹੈ।
44214	1033	ਕਰਿ ਕਰਿ ਦੇਖੈ ਆਪਿ ਦਇਆਲਾ॥		Kar Kar Dhaekhai Aap Dhaeiaalaa ||	Having created the creation, the Merciful Lord Himself gazes upon it.	ਦਇਆ ਦਾ ਸੋਮਾ ਪ੍ਰਭੂ ਆਪ ਹੀ ਇਹ ਕੌਤਕ ਕਰ ਕਰ ਕੇ ਵੇਖਦਾ ਹੈ।

44215	1033	ਅਨਹਦ ਰੁਣ ਝੁਣਕਾਰੁ ਸਦਾ ਧੁਨਿ ਨਿਰਭਉ ਕੈ ਘਰਿ ਵਾਇਦਾ॥੯॥		Anehadh Run Jhunakaar Sadhaa Dhhun Nirabho Kai Ghar Vaaeidhaa ||9||	The sweet, melodious, unstruck sound current vibrates continuously in the home of the fearless Lord. ||9||	(ਉਸ ਗੁਰਮੁਖ ਦੇ ਅੰਦਰ, ਮਾਨੋ) ਇਕ-ਰਸ ਮਿੱਠੀ ਮਿੱਠੀ ਸੁਰ ਵਾਲਾ ਗੀਤ ਚੱਲ ਪੈਂਦਾ ਹੈ ਜਿਸ ਦੀ ਧੁਨਿ ਸਦਾ (ਉਸ ਦੇ ਅੰਦਰ ਜਾਰੀ ਰਹਿੰਦੀ ਹੈ)। (ਉਹ ਗੁਰਮੁਖ ਆਪਣੇ ਅੰਦਰ, ਮਾਨੋ, ਐਸਾ ਸਾਜ਼) ਵਜਾਣ ਲੱਗ ਪੈਂਦਾ ਹੈ (ਜਿਸ ਦੀ ਬਰਕਤਿ ਨਾਲ) ਉਹ ਨਿਡਰਤਾ ਦੇ ਆਤਮਕ ਟਿਕਾਣੇ ਵਿਚ (ਟਿਕ ਜਾਂਦਾ ਹੈ) ॥੯॥
44216	1034	ਅਨਹਦੁ ਵਾਜੈ ਭ੍ਰਮੁ ਭਉ ਭਾਜੈ॥		Anehadh Vaajai Bhram Bho Bhaajai ||	When the unstruck sound current resounds, doubt and fear run away.	(ਉਸ ਗੁਰਮੁਖ ਦੇ ਹਿਰਦੇ ਵਿਚ) ਇਕ-ਰਸ (ਸਿਫ਼ਤ-ਸਾਲਾਹ ਦਾ ਵਾਜਾ ਵੱਜਦਾ ਰਹਿੰਦਾ ਹੈ, (ਉਸ ਦੇ ਅੰਦਰੋਂ) ਭਟਕਣਾ ਤੇ ਡਰ-ਸਹਿਮ ਦੂਰ ਹੋ ਜਾਂਦਾ ਹੈ।
44217	1034	ਸਗਲ ਬਿਆਪਿ ਰਹਿਆ ਪ੍ਰਭੁ ਛਾਜੈ॥		Sagal Biaap Rehiaa Prabh Shhaajai ||	God is all-pervading, giving shade to all.	(ਉਸ ਨੂੰ ਪਰਤੱਖ ਦਿੱਸ ਪੈਂਦਾ ਹੈ ਕਿ) ਪਰਮਾਤਮਾ ਸਾਰੇ ਸੰਸਾਰ ਵਿਚ ਮੌਜੂਦ ਹੈ ਤੇ ਸਭ ਉਤੇ (ਆਪਣੀ ਰੱਖਿਆ ਦੀ) ਛਾਂ ਕਰ ਰਿਹਾ ਹੈ।

44218	1034	ਸਭ ਤੇਰੀ ਤੂ ਗੁਰਮੁਖਿ ਜਾਤਾ ਦਰਿ ਸੋਹੈ ਗੁਣ ਗਾਇਦਾ॥੧੦॥		Sabh Thaeree Thoo Guramukh Jaathaa Dhar Sohai Gun Gaaeidhaa ||10||	All belong to You; to the Gurmukhs, You are known. Singing Your Praises, they look beautiful in Your Court. ||10||	ਹੇ ਪ੍ਰਭੂ! ਇਹ ਸਾਰੀ ਰਚਨਾ ਤੇਰੀ ਹੈ (ਤੇ ਤੂੰ ਹੀ ਇਸ ਦੀ ਰਾਖੀ ਕਰਨ ਵਾਲਾ ਹੈਂ)-('ਸਫਲ ਬਿਰਖ' ਗੁਰੂ ਤੋਂ ਨਾਮ-ਫਲ ਪ੍ਰਾਪਤ ਕਰਨ ਵਾਲਾ) ਗੁਰਮੁਖ ਇਹ ਗੱਲ ਸਮਝ ਲੈਂਦਾ ਹੈ, ਉਹ ਗੁਰਮੁਖ ਤੇਰੇ ਗੁਣ ਗਾਂਦਾ ਹੈ ਤੇ ਤੇਰੇ ਦਰ ਤੇ ਸੋਭਾ ਪਾਂਦਾ ਹੈ ॥੧੦॥
44219	1034	ਆਦਿ ਨਿਰੰਜਨੁ ਨਿਰਮਲੁ ਸੋਈ॥		Aadh Niranjan Niramal Soee ||	He is the Primal Lord, immaculate and pure.	ਉਸ ਗੁਰਮੁਖ ਨੇ ਜਾਣ ਲਿਆ ਹੈ ਕਿ ਉਹ ਪਵਿੱਤ੍ਰ-ਸਰੂਪ ਪਰਮਾਤਮਾ ਹੀ ਸਾਰੀ ਸ੍ਰਿਸ਼ਟੀ ਦਾ ਮੁੱਢ ਹੈ ਤੇ ਮਾਇਆ ਦੇ ਪ੍ਰਭਾਵ ਤੋਂ ਉਤਾਂਹ ਹੈ।
44220	1034	ਅਵਰੁ ਨ ਜਾਣਾ ਦੂਜਾ ਕੋਈ॥		Avar N Jaanaa Dhoojaa Koee ||	I know of no other at all.	ਉਸ ਵਰਗਾ ਦੂਜਾ ਹੋਰ ਕੋਈ ਨਹੀਂ ਹੈ।
44221	1034	ਏਕੰਕਾਰੁ ਵਸੈ ਮਨਿ ਭਾਵੈ ਹਉਮੈ ਗਰਬੁ ਗਵਾਇਦਾ॥੧੧॥		Eaekankaar Vasai Man Bhaavai Houmai Garab Gavaaeidhaa ||11||	The One Universal Creator Lord dwells within, and is pleasing to the mind of those who banishe egotism and pride. ||11||	ਉਸ ਗੁਰਮੁਖ ਦੇ ਮਨ ਵਿਚ ਉਹੀ ਇੱਕ ਅਕਾਲ ਪੁਰਖ ਵੱਸਦਾ ਹੈ ਤੇ ਮਨ ਵਿਚ ਪਿਆਰਾ ਲੱਗਦਾ ਹੈ (ਇਸ ਦੀ ਬਰਕਤਿ ਨਾਲ ਉਹ ਆਪਣੇ ਅੰਦਰੋਂ) ਹਉਮੈ ਅਹੰਕਾਰ ਦੂਰ ਕਰ ਲੈਂਦਾ ਹੈ ॥੧੧॥
44222	1034	ਅੰਮ੍ਰਿਤੁ ਪੀਆ ਸਤਿਗੁਰਿ ਦੀਆ॥		Anmrith Peeaa Sathigur Dheeaa ||	I drink in the Ambrosial Nectar, given by the True Guru.	ਜਿਸ ਗੁਰਮੁਖ ਨੂੰ ਸਤਿਗੁਰੂ ਨੇ ਨਾਮ-ਅੰਮ੍ਰਿਤ ਦਿੱਤਾ ਤੇ ਉਸ ਨੇ ਲੈ ਕੇ ਪੀਤਾ।

44223	1034	ਅਵਰੁ ਨ ਜਾਣਾ ਦੂਆ ਤੀਆ॥		Avar N Jaanaa Dhooaa Theeaa ||	I do not know any other second or third.	ਉਸ ਨੂੰ ਜਗਤ ਵਿਚ ਕਿਤੇ ਭੀ ਪਰਮਾਤਮਾ ਤੋਂ ਬਿਨਾ ਹੋਰ ਕੋਈ ਦੂਜਾ ਤੀਜਾ ਨਹੀਂ ਦਿੱਸਦਾ, (ਉਸ ਦੇ ਅੰਦਰ ਕੋਈ ਮੇਰ-ਤੇਰ ਨਹੀਂ ਰਹਿ ਜਾਂਦੀ)।
44224	1034	ਏਕੋ ਏਕੁ ਸੁ ਅਪਰ ਪਰੰਪਰੁ ਪਰਖਿ ਖਜਾਨੈ ਪਾਇਦਾ॥੧੨॥		Eaeko Eaek S Apar Paranpar Parakh Khajaanai Paaeidhaa ||12||	He is the One, Unique, Infinite and Endless Lord; He evaluates all beings and places some in His treasury. ||12||	(ਉਸ ਗੁਰਮੁਖ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ ਹਰ ਥਾਂ) ਇਕੋ ਇਕ ਅਪਰ ਅਪਾਰ ਪਰਮਾਤਮਾ ਆਪ ਹੀ ਹੈ, ਉਹ ਆਪ ਹੀ ਜੀਵਾਂ ਦੇ ਕਰਮਾਂ ਨੂੰ) ਪਰਖ ਕੇ (ਤੇ ਪਸੰਦ ਕਰ ਕੇ ਉਹਨਾਂ ਨੂੰ) ਆਪਣੇ ਖ਼ਜ਼ਾਨੇ ਵਿਚ ਰਲਾ ਲੈਂਦਾ ਹੈ ॥੧੨॥
44225	1034	ਗਿਆਨੁ ਧਿਆਨੁ ਸਚੁ ਗਹਿਰ ਗੰਭੀਰਾ॥		Giaan Dhhiaan Sach Gehir Ganbheeraa ||	Spiritual wisdom and meditation on the True Lord are deep and profound.	ਹੇ ਡੂੰਘੇ ਤੇ ਵੱਡੇ ਜਿਗਰੇ ਵਾਲੇ! ਤੇਰੇ ਨਾਲ ਜਾਣ-ਪਛਾਣ ਪਾਣੀ ਤੇ ਤੇਰੇ ਚਰਨਾਂ ਵਿਚ ਜੁੜਨਾ ਹੀ ਸਦਾ-ਥਿਰ ਰਹਿਣ ਵਾਲਾ (ਉੱਦਮ) ਹੈ।
44226	1034	ਕੋਇ ਨ ਜਾਣੈ ਤੇਰਾ ਚੀਰਾ॥		Koe N Jaanai Thaeraa Cheeraa ||	No one knows Your expanse.	(ਤੂੰ ਇਕ ਐਸਾ ਬੇਅੰਤ ਸਮੁੰਦਰ ਹੈਂ ਕਿ) ਤੇਰਾ ਖਿਲਾਰ ਕੋਈ ਸਮਝ ਨਹੀਂ ਸਕਦਾ।
44227	1034	ਜੇਤੀ ਹੈ ਤੇਤੀ ਤੁਧੁ ਜਾਚੈ ਕਰਮਿ ਮਿਲੈ ਸੋ ਪਾਇਦਾ॥੧੩॥		Jaethee Hai Thaethee Thudhh Jaachai Karam Milai So Paaeidhaa ||13||	All that are, beg from You; You are attained only by Your Grace. ||13||	ਜਿਤਨੀ ਭੀ ਸ੍ਰਿਸ਼ਟੀ ਹੈ ਇਹ ਸਾਰੀ ਦੀ ਸਾਰੀ ਤੈਥੋਂ ਹੀ (ਹਰੇਕ ਪਦਾਰਥ) ਮੰਗਦੀ ਹੈ। ਉਹ ਹੀ ਜੀਵ ਕੁਝ ਪ੍ਰਾਪਤ ਕਰਦਾ ਹੈ ਜਿਸ ਨੂੰ ਤੇਰੀ ਬਖ਼ਸ਼ਸ਼ ਨਾਲ ਕੁਝ ਮਿਲਦਾ ਹੈ ॥੧੩॥

44228	1034	ਕਰਮੁ ਧਰਮੁ ਸਚੁ ਹਾਥਿ ਤੁਮਾਰੈ॥		Karam Dhharam Sach Haathh Thumaarai ||	You hold karma and Dharma in Your hands, O True Lord.	(ਲੋਕ ਆਪੋ ਆਪਣੀ ਸਮਝ ਅਨੁਸਾਰ ਧਾਰਮਿਕ ਮਿਥੇ ਕਰਮ ਕਰਦੇ ਹਨ, ਪਰ) ਤੇਰੇ ਸਦਾ-ਥਿਰ ਨਾਮ ਦਾ ਸਿਮਰਨ ਹੀ ਅਸਲ ਕਰਮ ਹੈ ਅਸਲ ਧਰਮ ਹੈ।
44229	1034	ਵੇਪਰਵਾਹ ਅਖੁਟ ਭੰਡਾਰੈ॥		Vaeparavaah Akhutt Bhanddaarai ||	O Independent Lord, Your treasures are inexhaustible.	ਹੇ ਬੇ-ਪਰਵਾਹ ਪ੍ਰਭੂ! ਇਹ ਨਾਮ ਤੇਰੇ ਕਦੇ ਨਾਹ ਮੁੱਕਣ ਵਾਲੇ ਖ਼ਜ਼ਾਨੇ ਵਿਚ ਮੌਜੂਦ ਹੈ।
44230	1034	ਤੂ ਦਇਆਲੁ ਕਿਰਪਾਲੁ ਸਦਾ ਪ੍ਰਭੁ ਆਪੇ ਮੇਲਿ ਮਿਲਾਇਦਾ॥੧੪॥		Thoo Dhaeiaal Kirapaal Sadhaa Prabh Aapae Mael Milaaeidhaa ||14||	You are forever kind and compassionate, God. You unite in Your Union. ||14||	ਹੇ ਪ੍ਰਭੂ! ਤੂੰ ਸਦਾ ਦਇਆ ਦਾ ਕਿਰਪਾ ਦਾ ਘਰ ਹੈ, ਸਭ ਦਾ ਮਾਲਕ (ਪ੍ਰਭੂ) ਹੈਂ, ਤੂੰ ਆਪ ਹੀ (ਆਪਣੇ ਖ਼ਜ਼ਾਨੇ ਵਿਚੋਂ ਇਹ ਦਾਤ ਦੇ ਕੇ) ਆਪਣੀ ਸੰਗਤ ਵਿਚ ਮਿਲਾ ਲੈਂਦਾ ਹੈ ॥੧੪॥
44231	1034	ਆਪੇ ਦੇਖਿ ਦਿਖਾਵੈ ਆਪੇ॥		Aapae Dhaekh Dhikhaavai Aapae ||	You Yourself see, and cause Yourself to be seen.	ਪ੍ਰਭੂ ਆਪ ਹੀ (ਜੀਵਾਂ ਦੀ) ਸੰਭਾਲ ਕਰ ਕੇ ਆਪ ਹੀ (ਜੀਵਾਂ ਨੂੰ) ਆਪਣਾ ਦਰਸ਼ਨ ਕਰਾਂਦਾ ਹੈ।
44232	1034	ਆਪੇ ਥਾਪਿ ਉਥਾਪੇ ਆਪੇ॥		Aapae Thhaap Outhhaapae Aapae ||	You Yourself establish, and You Yourself disestablish.	ਆਪ ਹੀ ਪੈਦਾ ਕਰਦਾ ਹੈ ਆਪ ਨਾਸ ਕਰਦਾ ਹੈ।
44233	1034	ਆਪੇ ਜੋੜਿ ਵਿਛੋੜੇ ਕਰਤਾ ਆਪੇ ਮਾਰਿ ਜੀਵਾਇਦਾ॥੧੫॥		Aapae Jorr Vishhorrae Karathaa Aapae Maar Jeevaaeidhaa ||15||	The Creator Himself unites and separates; He Himself kills and rejuvenates. ||15||	ਕਰਤਾਰ ਆਪ ਹੀ (ਆਪਣੇ ਚਰਨਾਂ ਵਿਚ) ਜੋੜਦਾ ਹੈ, ਆਪ ਹੀ (ਚਰਨਾਂ ਤੋਂ) ਵਿਛੋੜਦਾ ਹੈ, ਆਪ ਹੀ (ਕਿਸੇ ਨੂੰ) ਆਤਮਕ ਮੌਤੇ ਮਾਰਦਾ ਹੈ, ਆਪ ਹੀ ਆਤਮਕ ਜੀਵਨ ਦੇਂਦਾ ਹੈ ॥੧੫॥

44234	1034	ਜੇਤੀ ਹੈ ਤੇਤੀ ਤੁਧੁ ਅੰਦਰਿ॥		Jaethee Hai Thaethee Thudhh Andhar ||	As much as there is, is contained within You.	ਇਹ ਜਿਤਨੀ ਭੀ ਸ੍ਰਿਸ਼ਟੀ ਹੈ ਸਾਰੀ ਦੀ ਸਾਰੀ ਤੇਰੇ ਹੁਕਮ ਦੇ ਅੰਦਰ ਚੱਲ ਰਹੀ ਹੈ।
44235	1034	ਦੇਖਹਿ ਆਪਿ ਬੈਸਿ ਬਿਜਮੰਦਰਿ॥	(ਬਿਜਮੰਦਰਿ) ਸੱਚਖੰਡ, ਸਤਿਸੰਗਤਿ	Dhaekhehi Aap Bais Bij Mandhar ||	You gaze upon Your creation, sitting within Your royal palace.	ਤੂੰ ਆਪਣੇ ਸਦਾ-ਥਿਰ ਮਹਿਲ ਵਿਚ ਬੈਠ ਕੇ ਆਪ ਹੀ ਸਭ ਦੀ ਸੰਭਾਲ ਕਰ ਰਿਹਾ ਹੈਂ।
44236	1034	ਨਾਨਕੁ ਸਾਚੁ ਕਹੈ ਬੇਨੰਤੀ ਹਰਿ ਦਰਸਨਿ ਸੁਖੁ ਪਾਇਦਾ॥੧੬॥੧॥੧੩॥		Naanak Saach Kehai Baenanthee Har Dharasan Sukh Paaeidhaa ||16||1||13||	Nanak offers this true prayer; gazing upon the Blessed Vision of the Lord's Darshan, I have found peace. ||16||1||13||	ਹੇ ਹਰੀ! ਤੇਰਾ ਦਾਸ ਨਾਨਕ ਤੇਰਾ ਸਦਾ-ਥਿਰ ਨਾਮ ਸਿਮਰਦਾ ਹੈ (ਤੇਰੇ ਦੀਦਾਰ ਵਾਸਤੇ ਤੇਰੇ ਦਰ ਤੇ) ਬੇਨਤੀ ਕਰਦਾ ਹੈ (ਜਿਸ ਨੂੰ ਤੇਰਾ ਦੀਦਾਰ ਨਸੀਬ ਹੁੰਦਾ ਹੈ, ਉਹ ਉਸ) ਦੀਦਾਰ ਦੀ ਬਰਕਤਿ ਨਾਲ ਆਤਮਕ ਆਨੰਦ ਪ੍ਰਾਪਤ ਕਰਦਾ ਹੈ ॥੧੬॥੧॥੧੩॥
44237	1034	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
44238	1034	ਦਰਸਨੁ ਪਾਵਾ ਜੇ ਤੁਧੁ ਭਾਵਾ॥		Dharasan Paavaa Jae Thudhh Bhaavaa ||	If I am pleasing to You, Lord, then I obtain the Blessed Vision of Your Darshan.	ਹੇ ਸਦਾ-ਥਿਰ ਪ੍ਰਭੂ! ਜੇ ਮੈਂ ਤੈਨੂੰ ਚੰਗਾ ਲੱਗਾਂ, ਤਾਂ ਹੀ ਤੇਰਾ ਦਰਸਨ ਕਰ ਸਕਦਾ ਹਾਂ,
44239	1034	ਭਾਇ ਭਗਤਿ ਸਾਚੇ ਗੁਣ ਗਾਵਾ॥		Bhaae Bhagath Saachae Gun Gaavaa ||	In loving devotional worship, O True Lord, I sing Your Glorious Praises.	ਤੇ ਤੇਰੇ ਪ੍ਰੇਮ ਵਿਚ (ਜੁੜ ਕੇ) ਤੇਰੀ ਭਗਤੀ (ਕਰ ਸਕਦਾ ਹਾਂ, ਤੇ) ਤੇਰੇ ਗੁਣ ਗਾ ਸਕਦਾ ਹਾਂ।

44240	1034	ਤੁਧੁ ਭਾਣੇ ਤੂ ਭਾਵਹਿ ਕਰਤੇ ਆਪੇ ਰਸਨ ਰਸਾਇਦਾ॥੧॥		Thudhh Bhaanae Thoo Bhaavehi Karathae Aapae Rasan Rasaaeidhaa ||1||	By Your Will, O Creator Lord, You have become pleasing to me, and so sweet to my tongue. ||1||	ਹੇ ਕਰਤਾਰ! ਜੇਹੜੇ ਬੰਦੇ ਤੈਨੂੰ ਪਿਆਰੇ ਲੱਗਦੇ ਹਨ ਤੂੰ ਉਹਨਾਂ ਨੂੰ ਪਿਆਰਾ ਲੱਗਦਾ ਹੈਂ। ਤੂੰ ਆਪ ਹੀ ਉਹਨਾਂ ਦੀ ਜੀਭ ਵਿਚ (ਆਪਣੇ ਨਾਮ ਦਾ) ਰਸ ਪੈਦਾ ਕਰਦਾ ਹੈਂ ॥੧॥
44241	1034	ਸੋਹਨਿ ਭਗਤ ਪ੍ਰਭੂ ਦਰਬਾਰੇ॥	ਸੋਹ-ਨਿ	Sohan Bhagath Prabhoo Dharabaarae ||	The devotees look beautiful in the Darbaar, the Court of God.	ਹੇ ਪ੍ਰਭੂ! ਤੇਰੇ ਭਗਤ ਤੇਰੇ ਦਰਬਾਰ ਵਿਚ ਸੋਹਣੇ ਲੱਗਦੇ ਹਨ।
44242	1034	ਮੁਕਤੁ ਭਏ ਹਰਿ ਦਾਸ ਤੁਮਾਰੇ॥		Mukath Bheae Har Dhaas Thumaarae ||	Your slaves, Lord, are liberated.	ਹੇ ਹਰੀ! ਤੇਰੇ ਦਾਸ (ਮਾਇਆ ਦੇ ਬੰਧਨਾਂ ਤੋਂ) ਸੁਤੰਤਰ ਹੋ ਜਾਂਦੇ ਹਨ।
44243	1034	ਆਪੁ ਗਵਾਇ ਤੇਰੈ ਰੰਗਿ ਰਾਤੇ ਅਨ ਦਿਨੁ ਨਾਮੁ ਧਿਆਇਦਾ॥੨॥		Aap Gavaae Thaerai Rang Raathae Anadhin Naam Dhhiaaeidhaa ||2||	Eradicating self-conceit, they are attuned to Your Love; night and day, they meditate on the Naam, the Name of the Lord. ||2||	ਉਹ ਆਪਾ-ਭਾਵ ਮਿਟਾ ਕੇ ਤੇਰੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ, ਤੇ ਹਰ ਰੋਜ਼ (ਭਾਵ, ਹਰ ਵੇਲੇ) ਤੇਰਾ ਨਾਮ ਸਿਮਰਦੇ ਹਨ ॥੨॥
44244	1034	ਈਸਰੁ ਬ੍ਰਹਮਾ ਦੇਵੀ ਦੇਵਾ॥		Eesar Brehamaa Dhaevee Dhaevaa ||	Shiva, Brahma, gods and goddesses,	ਸ਼ਿਵ, ਬ੍ਰਹਮਾ, ਅਨੇਕਾਂ ਦੇਵੀਆਂ ਤੇ ਦੇਵਤੇ,

44245	1034	ਇੰਦ੍ਰ ਤਪੇ ਮੁਨਿ ਤੇਰੀ ਸੇਵਾ॥		Eindhr Thapae Mun Thaeree Saevaa ||	Indra, ascetics and silent sages serve You.	ਇੰਦਰ ਦੇਵਤਾ, ਤਪੀ ਲੋਕ, ਰਿਸ਼ੀ ਮੁਨੀ-ਇਹ ਸਭ ਤੇਰੀ ਹੀ ਸੇਵਾ-ਭਗਤੀ ਕਰਦੇ ਹਨ (ਭਾਵ, ਭਾਵੇਂ ਇਹ ਕਿਤਨੇ ਹੀ ਵੱਡੇ ਮਿਥੇ ਜਾਣ, ਪਰ ਤੇਰੇ ਸਾਹਮਣੇ ਇਹ ਤੇਰੇ ਸਾਧਾਰਨ ਸੇਵਕ ਹਨ)।
44246	1034	ਜਤੀ ਸਤੀ ਕੇਤੇ ਬਨਵਾਸੀ ਅੰਤੁ ਨ ਕੋਈ ਪਾਇਦਾ॥੩॥		Jathee Sathee Kaethae Banavaasee Anth N Koee Paaeidhaa ||3||	Celibates, givers of charity and the many forest-dwellers have not found the Lord's limits. ||3||	ਅਨੇਕਾਂ ਜਤਧਾਰੀ, ਅਨੇਕਾਂ ਉੱਚ-ਆਚਰਨੀ, ਤੇ ਅਨੇਕਾਂ ਹੀ ਬਨਾਂ ਵਿਚ ਰਹਿਣ ਵਾਲੇ ਤਿਆਗੀ (ਤੇਰੇ ਗੁਣ ਗਾਂਦੇ ਹਨ, ਪਰ ਤੇਰੇ ਗੁਣਾਂ ਦਾ) ਕੋਈ ਭੀ ਅੰਤ ਨਹੀਂ ਲੱਭ ਸਕਦਾ ॥੩॥
44247	1034	ਵਿਣੁ ਜਾਣਾਏ ਕੋਇ ਨ ਜਾਣੈ॥		Vin Jaanaaeae Koe N Jaanai ||	No one knows You, unless You let them know You.	ਜਦ ਤਕ ਪਰਮਾਤਮਾ ਆਪ ਸੂਝ ਨਾਹ ਬਖ਼ਸ਼ੇ ਕੋਈ ਜੀਵ (ਪਰਮਾਤਮਾ ਦੀ ਭਗਤੀ ਕਰਨ ਦੀ) ਸੂਝ ਪ੍ਰਾਪਤ ਨਹੀਂ ਕਰ ਸਕਦਾ।
44248	1034	ਜੋ ਕਿਛੁ ਕਰੇ ਸੁ ਆਪਣ ਭਾਣੈ॥		Jo Kishh Karae S Aapan Bhaanai ||	Whatever is done, is by Your Will.	ਪਰਮਾਤਮਾ ਜੋ ਕੁਝ ਕਰਦਾ ਹੈ ਆਪਣੀ ਰਜ਼ਾ ਵਿਚ (ਆਪਣੀ ਮਰਜ਼ੀ ਨਾਲ) ਕਰਦਾ ਹੈ।
44249	1034	ਲਖ ਚਉਰਾਸੀਹ ਜੀਅ ਉਪਾਏ ਭਾਣੈ ਸਾਹ ਲਵਾਇਦਾ॥੪॥		Lakh Chouraaseeh Jeea Oupaaeae Bhaanai Saah Lavaaeidhaa ||4||	You created the 8.4 million species of beings; by Your Will, they draw their breath. ||4||	ਪਰਮਾਤਮਾ ਨੇ ਚੁਰਾਸੀ ਲੱਖ ਜੂਨਾਂ ਦੇ ਜੀਵ ਪੈਦਾ ਕੀਤੇ ਹਨ, ਉਹ ਆਪਣੀ ਮਰਜ਼ੀ ਨਾਲ ਹੀ ਇਹਨਾਂ ਜੀਵਾਂ ਨੂੰ ਸਾਹ ਲੈਣ ਦੇਂਦਾ ਹੈ (ਇਹਨਾਂ ਨੂੰ ਜਿਵਾਲੀ ਰੱਖਦਾ ਹੈ) ॥੪॥

44250	1034	ਜੋ ਤਿਸੁ ਭਾਵੈ ਸੋ ਨਿਹਚਉ ਹੋਵੈ॥		Jo This Bhaavai So Nihacho Hovai ||	Whatever is pleasing to Your Will, undoubtedly comes to pass.	(ਜਗਤ ਵਿਚ) ਜ਼ਰੂਰ ਉਹੀ ਕੁਝ ਹੁੰਦਾ ਹੈ ਜੋ ਉਸ ਕਰਤਾਰ ਨੂੰ ਚੰਗਾ ਲਗਦਾ ਹੈ।
44251	1034	ਮਨਮੁਖੁ ਆਪੁ ਗਣਾਏ ਰੋਵੈ॥		Manamukh Aap Ganaaeae Rovai ||	The self-willed manmukh shows off, and comes to grief.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਇਸ ਅਸਲੀਅਤ ਨੂੰ ਨਹੀਂ ਸਮਝਦਾ, ਉਹ) ਆਪਣੇ ਆਪ ਨੂੰ ਵੱਡਾ ਜਤਾਂਦਾ ਹੈ (ਤੇ ਹਉਮੈ ਵਿਚ ਹੀ) ਦੁਖੀ ਭੀ ਹੁੰਦਾ ਹੈ।
44252	1034	ਨਾਵਹੁ ਭੁਲਾ ਠਉਰ ਨ ਪਾਏ ਆਇ ਜਾਇ ਦੁਖੁ ਪਾਇਦਾ॥੫॥		Naavahu Bhulaa Thour N Paaeae Aae Jaae Dhukh Paaeidhaa ||5||	Forgetting the Name, he finds no place of rest; coming and going in reincarnation, he suffers in pain. ||5||	ਪਰਮਾਤਮਾ ਦੇ ਨਾਮ ਤੋਂ ਖੁੰਝਾ ਹੋਇਆ (ਮਨਮੁਖ) ਕਿਤੇ ਆਤਮਕ ਸ਼ਾਂਤੀ ਦਾ ਟਿਕਾਣਾ ਨਹੀਂ ਲੱਭ ਸਕਦਾ, ਜੰਮਦਾ ਤੇ ਮਰਦਾ ਹੈ, ਜੰਮਦਾ ਤੇ ਮਰਦਾ ਹੈ, ਤੇ (ਇਸ ਗੇੜ ਵਿਚ ਹੀ) ਦੁੱਖ ਪਾਂਦਾ ਹੈ ॥੫॥
44253	1034	ਨਿਰਮਲ ਕਾਇਆ ਊਜਲ ਹੰਸਾ॥		Niramal Kaaeiaa Oojal Hansaa ||	Pure is the body, and immaculate is the swan-soul;	ਉਹ ਸਰੀਰ ਪਵਿੱਤ੍ਰ ਹੈ ਜਿਸ ਵਿਚ ਪਵਿੱਤ੍ਰ (ਜੀਵਨ ਵਾਲਾ) ਜੀਵਾਤਮਾ ਵੱਸਦਾ ਹੈ,
44254	1034	ਤਿਸੁ ਵਿਚਿ ਨਾਮੁ ਨਿਰੰਜਨ ਅੰਸਾ॥		This Vich Naam Niranjan Ansaa ||	Within it is the immaculate essence of the Naam.	(ਕਿਉਂਕਿ) ਉਸ (ਸਰੀਰ) ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ, (ਉਹ ਜੀਵਾਤਮਾ ਸਹੀ ਅਰਥਾਂ ਵਿਚ) ਮਾਇਆ-ਰਹਿਤ ਪ੍ਰਭੂ ਦਾ ਅੰਸ ਹੈ।

44255	1034	ਸਗਲੇ ਦੂਖ ਅੰਮ੍ਰਿਤੁ ਕਰਿ ਪੀਵੈ ਬਾਹੁੜਿ ਦੂਖੁ ਨ ਪਾਇਦਾ॥੬॥		Sagalae Dhookh Anmrith Kar Peevai Baahurr Dhookh N Paaeidhaa ||6||	Such a being drinks in all his pains like Ambrosial Nectar; he never suffers sorrow again. ||6||	ਪ੍ਰਭੂ ਦੇ ਨਾਮ-ਅੰਮ੍ਰਿਤ ਦੀ ਬਰਕਤਿ ਨਾਲ ਉਹ ਮਨੁੱਖ ਆਪਣੇ ਸਾਰੇ ਦੁੱਖ ਮੁਕਾ ਲੈਂਦਾ ਹੈ, ਤੇ ਮੁੜ ਉਹ ਕਦੇ ਦੁੱਖ ਨਹੀਂ ਪਾਂਦਾ ॥੬॥
44256	1034	ਬਹੁ ਸਾਦਹੁ ਦੂਖੁ ਪਰਾਪਤਿ ਹੋਵੈ॥		Bahu Saadhahu Dhookh Paraapath Hovai ||	For his excessive indulgences, he receives only pain;	ਬਹੁਤੇ (ਭੋਗਾਂ ਦੇ) ਸੁਆਦਾਂ ਤੋਂ ਦੁੱਖ ਹੀ ਮਿਲਦਾ ਹੈ,
44257	1034	ਭੋਗਹੁ ਰੋਗ ਸੁ ਅੰਤਿ ਵਿਗੋਵੈ॥		Bhogahu Rog S Anth Vigovai ||	From his enjoyments, he contracts diseases, and in the end, he wastes away.	(ਕਿਉਂਕਿ) ਭੋਗਾਂ ਤੋਂ (ਆਖ਼ਿਰ) ਰੋਗ ਪੈਦਾ ਹੁੰਦੇ ਹਨ ਤੇ ਮਨੁੱਖ ਅੰਤ ਨੂੰ ਖ਼ੁਆਰ ਹੁੰਦਾ ਹੈ।
44258	1034	ਹਰਖਹੁ ਸੋਗੁ ਨ ਮਿਟਈ ਕਬਹੂ ਵਿਣੁ ਭਾਣੇ ਭਰਮਾਇਦਾ॥੭॥		Harakhahu Sog N Mittee Kabehoo Vin Bhaanae Bharamaaeidhaa ||7||	His pleasure can never erase his pain; without accepting the Lord's Will, he wanders lost and confused. ||7||	(ਮਾਇਆ ਦੀਆਂ) ਖ਼ੁਸ਼ੀਆਂ ਤੋਂ ਭੀ ਚਿੰਤਾ ਹੀ ਪੈਦਾ ਹੁੰਦੀ ਹੈ ਜੋ) ਕਦੇ ਮਿਟਦੀ ਹੀ ਨਹੀਂ। ਪਰਮਾਤਮਾ ਦੀ ਰਜ਼ਾ ਵਿਚ ਤੁਰਨ ਤੋਂ ਬਿਨਾ ਮਨੁੱਖ ਭਟਕਣਾ ਵਿਚ ਪਿਆ ਰਹਿੰਦਾ ਹੈ ॥੭॥
44259	1034	ਗਿਆਨ ਵਿਹੂਣੀ ਭਵੈ ਸਬਾਈ॥		Giaan Vihoonee Bhavai Sabaaee ||	Without spiritual wisdom, they all just wander around.	ਇਸ ਗੱਲ ਦੀ ਸਮਝ (ਕਿ ਪਰਮਾਤਮਾ ਸਾਰੇ ਥਾਵਾਂ ਤੇ ਵਿਆਪਕ ਹੈ) ਤੋਂ ਵਾਂਜੀ ਰਹਿ ਕੇ ਸਾਰੀ ਲੁਕਾਈ ਭਟਕ ਰਹੀ ਹੈ।

44260	1034	ਸਾਚਾ ਰਵਿ ਰਹਿਆ ਲਿਵ ਲਾਈ॥		Saachaa Rav Rehiaa Liv Laaee ||	The True Lord is pervading and permeating everywhere, lovingly engaged.	ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਸਾਰੀ ਸ੍ਰਿਸ਼ਟੀ ਵਿਚ ਗੁਪਤ ਵਿਆਪਕ ਹੈ।
44261	1034	ਨਿਰਭਉ ਸਬਦੁ ਗੁਰੂ ਸਚੁ ਜਾਤਾ ਜੋਤੀ ਜੋਤਿ ਮਿਲਾਇਦਾ॥੮॥		Nirabho Sabadh Guroo Sach Jaathaa Jothee Joth Milaaeidhaa ||8||	The Fearless Lord is known through the Shabad, the Word of the True Guru; one's light merges into the Light. ||8||	ਜਿਸ ਮਨੁੱਖ ਨੇ ਗੁਰੂ ਦਾ ਸ਼ਬਦ, ਜੋ ਨਿਰਭੈਤਾ ਦੇਣ ਵਾਲਾ ਹੈ, ਆਪਣੇ ਹਿਰਦੇ ਵਿਚ ਵਸਾਇਆ ਹੈ ਉਸ ਨੇ ਸਦਾ-ਥਿਰ ਪ੍ਰਭੂ ਨੂੰ ਸਾਰੀ ਸ੍ਰਿਸ਼ਟੀ ਵਿਚ ਵੱਸਦਾ ਪਛਾਣ ਲਿਆ ਹੈ। ਗੁਰੂ ਦਾ ਸ਼ਬਦ ਉਸ ਦੀ ਸੁਰਤ ਨੂੰ ਪਰਮਾਤਮਾ ਦੀ ਜੋਤਿ ਵਿਚ ਮਿਲਾ ਦੇਂਦਾ ਹੈ ॥੮॥
44262	1034	ਅਟਲੁ ਅਡੋਲੁ ਅਤੋਲੁ ਮੁਰਾਰੇ॥	ਅ-ਟਲੁ	Attal Addol Athol Muraarae ||	He is the eternal, unchanging, immeasurable Lord.	ਮੁਰ (ਆਦਿਕ ਦੈਂਤਾਂ) ਦਾ ਵੈਰੀ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ। ਮਾਇਆ ਦੇ ਮੋਹ ਵਿਚ ਕਦੇ ਡੋਲਣ ਵਾਲਾ ਨਹੀਂ, ਉਸ ਦਾ ਸਰੂਪ ਕਦੇ ਤੋਲਿਆ ਮਿਣਿਆ ਨਹੀਂ ਜਾ ਸਕਦਾ।
44263	1034	ਖਿਨ ਮਹਿ ਢਾਹਿ ਫੇਰਿ ਉਸਾਰੇ॥		Khin Mehi Dtaahi Faer Ousaarae ||	In an instant, He destroys, ang then reconstructs.	ਉਹ (ਆਪਣੇ ਰਚੇ ਹੋਏ ਜਗਤ ਨੂੰ) ਇਕ ਖਿਨ ਵਿਚ ਢਾਹ ਸਕਦਾ ਹੈ ਤੇ ਮੁੜ ਪੈਦਾ ਕਰ ਸਕਦਾ ਹੈ।

44264	1034	ਰੂਪੁ ਨ ਰੇਖਿਆ ਮਿਤਿ ਨਹੀ ਕੀਮਤਿ ਸਬਦਿ ਭੇਦਿ ਪਤੀਆਇਦਾ॥੯॥	ਪਤੀ-ਆਇਦਾ	Roop N Raekhiaa Mith Nehee Keemath Sabadh Bhaedh Patheeaaeidhaa ||9||	He has no form or shape, no limit or value. Pierced by the Shabad, one is satisfied. ||9||	ਉਸ ਦਾ ਕੋਈ ਖ਼ਾਸ ਰੂਪ ਨਹੀਂ ਦੱਸਿਆ ਜਾ ਸਕਦਾ ਹੈ, ਉਸ ਦੇ ਕੋਈ ਖ਼ਾਸ ਚਿਹਨ ਚੱਕ੍ਰ ਨਹੀਂ ਦੱਸੇ ਜਾ ਸਕਦੇ, ਉਹ ਕੇਡਾ ਵੱਡਾ ਹੈ ਤੇ ਕਿਹੋ ਜੇਹਾ ਹੈ-ਇਹ ਭੀ ਨਹੀਂ ਦੱਸਿਆ ਜਾ ਸਕਦਾ। ਜੇਹੜਾ ਮਨੁੱਖ (ਆਪਣੇ ਮਨ ਨੂੰ ਗੁਰੂ ਦੇ) ਸ਼ਬਦ ਵਿਚ ਵਿੰਨ੍ਹ ਲੈਂਦਾ ਹੈ ਉਹ ਉਸ ਪਰਮਾਤਮਾ (ਦੀ ਯਾਦ) ਵਿਚ ਪਤੀਜ ਜਾਂਦਾ ਹੈ ॥੯॥
44265	1035	ਹਮ ਦਾਸਨ ਕੇ ਦਾਸ ਪਿਆਰੇ॥		Ham Dhaasan Kae Dhaas Piaarae ||	I am the slave of Your slaves, O my Beloved.	ਮੈਂ ਪਿਆਰੇ ਪ੍ਰਭੂ ਦੇ ਉਹਨਾਂ ਦਾਸਾਂ ਦਾ ਦਾਸ ਹਾਂ,
44266	1035	ਸਾਧਿਕ ਸਾਚ ਭਲੇ ਵੀਚਾਰੇ॥		Saadhhik Saach Bhalae Veechaarae ||	The seekers of Truth and goodness contemplate You.	ਜੋ ਉਸ ਨੂੰ ਮਿਲਣ ਲਈ ਜਤਨ ਕਰਦੇ ਰਹਿੰਦੇ ਹਨ ਜੋ ਉਸ ਸਦਾ-ਥਿਰ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਕਰਦੇ ਹਨ।

44267	1035	ਮੰਨੇ ਨਾਉ ਸੋਈ ਜਿਣਿ ਜਾਸੀ ਆਪੇ ਸਾਚੁ ਦ੍ਰਿੜਾਇਦਾ॥੧੦॥		Mannae Naao Soee Jin Jaasee Aapae Saach Dhrirraaeidhaa ||10||	Whoever believes in the Name, wins; He Himself implants Truth within. ||10||	ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਜਪਣਾ ਮੰਨ ਲੈਂਦਾ ਹੈ (ਭਾਵ, ਨਾਮ ਜਪਣ ਨੂੰ ਜੀਵਨ-ਮਨੋਰਥ ਨਿਸ਼ਚੇ ਕਰ ਲੈਂਦਾ ਹੈ) ਉਹ (ਜਗਤ ਵਿਚੋਂ ਜੀਵਨ-ਬਾਜ਼ੀ) ਜਿੱਤ ਕੇ ਜਾਂਦਾ ਹੈ। (ਪਰ ਇਹ ਖੇਡ ਜੀਵਾਂ ਦੇ ਆਪਣੇ ਵੱਸ ਦੀ ਨਹੀਂ) ਪਰਮਾਤਮਾ ਆਪ ਹੀ ਆਪਣਾ ਸਦਾ-ਥਿਰ ਨਾਮ ਜੀਵਾਂ ਦੇ ਹਿਰਦੇ ਵਿਚ ਦ੍ਰਿੜ੍ਹ ਕਰਾਂਦਾ ਹੈ ॥੧੦॥
44268	1035	ਪਲੈ ਸਾਚੁ ਸਚੇ ਸਚਿਆਰਾ॥	ਪੱਲੈ	Palai Saach Sachae Sachiaaraa ||	The Truest of the True has the Truth is His lap.	ਜਿਨ੍ਹਾਂ ਮਨੁੱਖਾਂ ਦੇ ਪਾਸ ਥਿਰ ਰਹਿਣ ਵਾਲਾ ਨਾਮ ਹੈ, ਉਹ ਉਸ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦੇ ਹਨ, ਉਹ ਸਦਾ-ਥਿਰ ਨਾਮ ਦੇ ਵਣਜਾਰੇ ਹਨ।
44269	1035	ਸਾਚੇ ਭਾਵੈ ਸਬਦੁ ਪਿਆਰਾ॥		Saachae Bhaavai Sabadh Piaaraa ||	The True Lord is pleased with those who love the Shabad.	ਜਿਸ ਮਨੁੱਖ ਨੂੰ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਸ਼ਬਦ ਪਿਆਰਾ ਲੱਗਦਾ ਹੈ ਉਹ ਸਦਾ-ਥਿਰ ਪ੍ਰਭੂ ਨੂੰ ਚੰਗਾ ਲੱਗਦਾ ਹੈ।

44270	1035	ਤ੍ਰਿਭਵਣਿ ਸਾਚੁ ਕਲਾ ਧਰਿ ਥਾਪੀ ਸਾਚੇ ਹੀ ਪਤੀਆਇਦਾ॥੧੧॥		Thribhavan Saach Kalaa Dhhar Thhaapee Saachae Hee Patheeaaeidhaa ||11||	Exerting His power, the Lord has established Truth throughout the three worlds; with Truth He is pleased. ||11||	ਉਹ ਸਦਾ-ਥਿਰ ਪ੍ਰਭੂ ਸਾਰੀ ਸ੍ਰਿਸ਼ਟੀ ਵਿਚ (ਵਿਆਪਕ ਹੈ), ਉਸ ਨੇ ਆਪਣੀ ਸੱਤਿਆ ਦੇ ਕੇ ਸ੍ਰਿਸ਼ਟੀ ਰਚੀ ਹੈ। (ਸਦਾ-ਥਿਰ ਨਾਮ ਦਾ ਵਣਜ ਕਰਨ ਵਾਲਾ ਮਨੁੱਖ) ਉਸ ਸਦਾ-ਥਿਰ ਪ੍ਰਭੂ ਦੀ ਯਾਦ ਵਿਚ ਹੀ ਖ਼ੁਸ਼ ਰਹਿੰਦਾ ਹੈ ॥੧੧॥
44271	1035	ਵਡਾ ਵਡਾ ਆਖੈ ਸਭੁ ਕੋਈ॥		Vaddaa Vaddaa Aakhai Sabh Koee ||	Everyone calls Him the greatest of the great.	(ਉਂਞ ਤਾਂ) ਹਰੇਕ ਜੀਵ ਆਖਦਾ ਹੈ ਕਿ ਪਰਮਾਤਮਾ ਸਭ ਤੋਂ ਵੱਡਾ ਹੈ ਸਭ ਤੋਂ ਵੱਡਾ ਹੈ,
44272	1035	ਗੁਰ ਬਿਨੁ ਸੋਝੀ ਕਿਨੈ ਨ ਹੋਈ॥		Gur Bin Sojhee Kinai N Hoee ||	Without the Guru, no one understands Him.	ਪਰ ਸਤਿਗੁਰੂ ਦੀ ਸਰਨ ਪੈਣ ਤੋਂ ਬਿਨਾ ਕਿਸੇ ਨੂੰ ਸਹੀ ਸਮਝ ਨਹੀਂ ਪੈਂਦੀ।
44273	1035	ਸਾਚਿ ਮਿਲੈ ਸੋ ਸਾਚੇ ਭਾਏ ਨਾ ਵੀਛੁੜਿ ਦੁਖੁ ਪਾਇਦਾ॥੧੨॥		Saach Milai So Saachae Bhaaeae Naa Veeshhurr Dhukh Paaeidhaa ||12||	The True Lord is pleased with those who merge in Truth; they are not separated again, and they do not suffer. ||12||	ਜੇਹੜਾ ਮਨੁੱਖ (ਗੁਰੂ ਦੀ ਰਾਹੀਂ) ਸਦਾ-ਥਿਰ ਪ੍ਰਭੂ ਵਿਚ ਜੁੜਦਾ ਹੈ ਉਹ ਉਸ ਸਦਾ-ਥਿਰ ਪ੍ਰਭੂ ਨੂੰ ਪਿਆਰਾ ਲੱਗਦਾ ਹੈ। ਉਹ (ਉਸ ਦੇ ਚਰਨਾਂ ਤੋਂ ਵਿਛੁੜਦਾ ਨਹੀਂ) ਵਿਛੁੜ ਕੇ ਦੁੱਖ ਨਹੀਂ ਪਾਂਦਾ ਹੈ ॥੧੨॥
44274	1035	ਧੁਰਹੁ ਵਿਛੁੰਨੇ ਧਾਹੀ ਰੁੰਨੇ॥	ਧਾਂਹੀਂ	Dhhurahu Vishhunnae Dhhaahee Runnae ||	Separated from the Primal Lord, they loudly weep and wail.	ਪਰ ਜੇਹੜੇ ਬੰਦੇ ਮੁੱਢ ਤੋਂ ਹੀ ਪ੍ਰਭੂ ਤੋਂ ਵਿੱਛੁੜੇ ਚਲੇ ਆ ਰਹੇ ਹਨ ਉਹ ਢਾਹਾਂ ਮਾਰ ਮਾਰ ਕੇ ਰੋਂਦੇ ਆ ਰਹੇ ਹਨ।

44275	1035	ਮਰਿ ਮਰਿ ਜਨਮਹਿ ਮੁਹਲਤਿ ਪੁੰਨੇ॥	ਜਨਮ-ਹਿ	Mar Mar Janamehi Muhalath Punnae ||	They die and die, only to be reborn, when their time has passed.	ਜਦੋਂ ਜਦੋਂ ਜ਼ਿੰਦਗੀ ਦਾ ਸਮਾ ਮੁੱਕ ਜਾਂਦਾ ਹੈ ਉਹ ਮਰਦੇ ਹਨ ਜੰਮਦੇ ਹਨ, ਮਰਦੇ ਹਨ ਜੰਮਦੇ ਹਨ (ਇਸੇ ਗੇੜ ਵਿਚ ਪਏ ਰਹਿੰਦੇ ਹਨ)।
44276	1035	ਜਿਸੁ ਬਖਸੇ ਤਿਸੁ ਦੇ ਵਡਿਆਈ ਮੇਲਿ ਨ ਪਛੋਤਾਇਦਾ॥੧੩॥		Jis Bakhasae This Dhae Vaddiaaee Mael N Pashhothaaeidhaa ||13||	He blesses those whom He forgives with glorious greatness; united with Him, they do not regret or repent. ||13 |	ਜਿਸ ਮਨੁੱਖ ਉੱਤੇ ਪ੍ਰਭੂ ਮੇਹਰ ਕਰਦਾ ਹੈ ਉਸ ਨੂੰ (ਆਪਣਾ ਨਾਮ ਬਖ਼ਸ਼ ਕੇ) ਵਡਿਆਈ ਦੇਂਦਾ ਹੈ, ਉਸ ਨੂੰ ਆਪਣੇ ਚਰਨਾਂ ਵਿਚ ਮੇਲ ਲੈਂਦਾ ਹੈ, ਉਹ ਮਨੁੱਖ (ਮੁੜ ਕਦੇ ਨਾਹ ਵਿਛੁੜਦਾ ਹੈ) ਨਾਹ ਪਛੁਤਾਂਦਾ ਹੈ ॥੧੩॥
44277	1035	ਆਪੇ ਕਰਤਾ ਆਪੇ ਭੁਗਤਾ॥		Aapae Karathaa Aapae Bhugathaa ||	| He Himself is the Creator, and He Himself is the Enjoyer.	ਪ੍ਰਭੂ ਆਪ ਹੀ ਸਾਰੇ ਜਗਤ ਦਾ ਪੈਦਾ ਕਰਨ ਵਾਲਾ ਹੈ, (ਸਭ ਜੀਵਾਂ ਵਿਚ ਵਿਆਪਕ ਹੋ ਕੇ) ਆਪ ਹੀ ਸਾਰੇ ਪਦਾਰਥਾਂ ਨੂੰ ਭੋਗਣ ਵਾਲਾ ਹੈ।
44278	1035	ਆਪੇ ਤ੍ਰਿਪਤਾ ਆਪੇ ਮੁਕਤਾ॥		Aapae Thripathaa Aapae Mukathaa ||	He Himself is satisfied, and He Himself is liberated.	ਫਿਰ ਆਪ ਹੀ ਇਹਨਾਂ ਭੋਗਾਂ ਤੋਂ ਰੱਜ ਜਾਣ ਵਾਲਾ ਹੈ ਤੇ ਆਪ ਹੀ ਪਦਾਰਥਾਂ ਦੇ ਮੋਹ ਤੋਂ ਸੁਤੰਤਰ ਹੋ ਜਾਣ ਵਾਲਾ ਹੈ।
44279	1035	ਆਪੇ ਮੁਕਤਿ ਦਾਨੁ ਮੁਕਤੀਸਰੁ ਮਮਤਾ ਮੋਹੁ ਚੁਕਾਇਦਾ॥੧੪॥		Aapae Mukath Dhaan Mukatheesar Mamathaa Mohu Chukaaeidhaa ||14||	The Lord of liberation Himself grants liberation; He eradicates possessiveness and attachment. ||14||	ਪ੍ਰਭੂ ਆਪ ਹੀ ਮੁਕਤੀ ਦਾ ਮਾਲਕ ਹੈ, ਆਪ ਹੀ ਵਿਕਾਰਾਂ ਤੋਂ ਖ਼ਲਾਸੀ ਦੀ ਦਾਤ ਦੇਂਦਾ ਹੈ, ਆਪ ਹੀ ਜੀਵਾਂ ਦੇ ਅੰਦਰੋਂ ਮਾਇਆ ਦੀ ਮਮਤਾ ਤੇ ਮਾਇਆ ਦਾ ਮੋਹ ਦੂਰ ਕਰਦਾ ਹੈ ॥੧੪॥

44280	1035	ਦਾਨਾ ਕੈ ਸਿਰਿ ਦਾਨੁ ਵੀਚਾਰਾ॥		Dhaanaa Kai Sir Dhaan Veechaaraa ||	I consider Your gifts to be the most wonderful gifts.	ਪਰਮਾਤਮਾ ਜੀਵਾਂ ਨੂੰ ਆਪਣੇ ਗੁਣਾਂ ਦੀ ਵਿਚਾਰ ਬਖ਼ਸ਼ਦਾ ਹੈ ਤੇ ਉਸ ਦੀ ਇਹ ਦਾਤ ਉਸ ਦੀਆਂ ਹੋਰ ਸਭ ਦਾਤਾਂ ਤੋਂ ਸ੍ਰੇਸ਼ਟ ਹੈ।
44281	1035	ਕਰਣ ਕਾਰਣ ਸਮਰਥੁ ਅਪਾਰਾ॥	ਸਮਰੱਥੁ	Karan Kaaran Samarathh Apaaraa ||	You are the Cause of causes, Almighty Infinite Lord.	ਉਹ ਇਸ ਜਗਤ ਦਾ ਰਚਣ ਵਾਲਾ ਹੈ, ਸਾਰੀਆਂ ਤਾਕਤਾਂ ਦਾ ਮਾਲਕ ਹੈ ਤੇ ਬੇਅੰਤ ਹੈ।
44282	1035	ਕਰਿ ਕਰਿ ਵੇਖੈ ਕੀਤਾ ਅਪਣਾ ਕਰਣੀ ਕਾਰ ਕਰਾਇਦਾ॥੧੫॥		Kar Kar Vaekhai Keethaa Apanaa Karanee Kaar Karaaeidhaa ||15||	Creating the creation, You gaze upon what You have created; You cause all to do their deeds. ||15||	ਸਾਰੀ ਸ੍ਰਿਸ਼ਟੀ ਪੈਦਾ ਕਰ ਕੇ ਉਹ ਆਪ ਹੀ ਇਸ ਦੀ ਸੰਭਾਲ ਕਰਦਾ ਹੈ, ਤੇ ਜੀਵਾਂ ਪਾਸੋਂ ਉਹ ਕਾਰ ਕਰਾਂਦਾ ਹੈ ਜੋ ਕਰਨ-ਜੋਗ ਹੋਵੇ ॥੧੫॥
44283	1035	ਸੇ ਗੁਣ ਗਾਵਹਿ ਸਾਚੇ ਭਾਵਹਿ॥		Sae Gun Gaavehi Saachae Bhaavehi ||	They alone sing Your Glorious Praises, who are pleasing to You, O True Lord.	ਜੇਹੜੇ ਜੀਵ ਸਦਾ-ਥਿਰ ਪ੍ਰਭੂ ਨੂੰ ਪਿਆਰੇ ਲੱਗਦੇ ਹਨ ਉਹ ਉਸ ਦੇ ਗੁਣ ਗਾਂਦੇ ਹਨ।
44284	1035	ਤੁਝ ਤੇ ਉਪਜਹਿ ਤੁਝ ਮਾਹਿ ਸਮਾਵਹਿ॥	ਉਪਜ-ਹਿ, ਸਮਾਵ-ਹਿ	Thujh Thae Oupajehi Thujh Maahi Samaavehi ||	They issue forth from You, and merge again into You.	ਹੇ ਪ੍ਰਭੂ! ਸਾਰੇ ਜੀਅ ਜੰਤ ਤੈਥੋਂ ਪੈਦਾ ਹੁੰਦੇ ਹਨ ਤੇ ਤੇਰੇ ਵਿਚ ਹੀ ਲੀਨ ਹੋ ਜਾਂਦੇ ਹਨ।

44285	1035	ਨਾਨਕੁ ਸਾਚੁ ਕਹੈ ਬੇਨੰਤੀ ਮਿਲਿ ਸਾਚੇ ਸੁਖੁ ਪਾਇਦਾ॥੧੬॥੨॥੧੪॥		Naanak Saach Kehai Baenanthee Mil Saachae Sukh Paaeidhaa ||16||2||14||	Nanak offers this true prayer; meeting with the True Lord, peace is obtained. ||16||2||14||	ਹੇ ਨਾਨਕ! ਜੇਹੜਾ ਮਨੁੱਖ ਸਦਾ-ਥਿਰ ਪ੍ਰਭੂ ਨੂੰ ਸਿਮਰਦਾ ਹੈ (ਉਸ ਦੇ ਦਰ ਤੇ) ਬੇਨਤੀਆਂ ਕਰਦਾ ਹੈ, ਉਹ ਉਸ ਸਦਾ-ਥਿਰ ਪਰਮਾਤਮਾ ਨੂੰ ਮਿਲ ਕੇ ਆਤਮਕ ਅਨੰਦ ਮਾਣਦਾ ਹੈ ॥੧੬॥੨॥੧੪॥
44286	1035	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
44287	1035	ਅਰਬਦ ਨਰਬਦ ਧੁੰਧੂਕਾਰਾ॥	(ਅਰਬਦ) ਗਿਣਤੀ। (ਨਰਬਦ) ਅਨ-ਗਿਣਤ	Arabadh Narabadh Dhhundhhookaara a ||	For endless eons, there was only utter darkness.	(ਜਗਤ ਦੀ ਰਚਨਾ ਤੋਂ ਪਹਿਲਾਂ ਬੇਅੰਤ ਸਮਾ ਜਿਸ ਦੀ ਗਿਣਤੀ ਦੇ ਵਾਸਤੇ) ਅਰਬਦ ਨਰਬਦ (ਲਫ਼ਜ਼ ਭੀ ਨਹੀਂ ਵਰਤੇ ਜਾ ਸਕਦੇ, ਐਸੀ) ਘੁੱਪ ਹਨੇਰੇ ਦੀ ਹਾਲਤ ਸੀ (ਭਾਵ, ਅਜੇਹੀ ਹਾਲਤ ਸੀ ਜਿਸ ਦੀ ਬਾਬਤ ਕੁਝ ਭੀ ਦੱਸਿਆ ਨਹੀਂ ਜਾ ਸਕਦਾ।
44288	1035	ਧਰਣਿ ਨ ਗਗਨਾ ਹੁਕਮੁ ਅਪਾਰਾ॥		Dhharan N Gaganaa Hukam Apaaraa ||	There was no earth or sky; there was only the infinite Command of His Hukam.	ਤਦੋਂ ਨਾਹ ਧਰਤੀ ਸੀ ਨਾਹ ਆਕਾਸ਼ ਸੀ ਅਤੇ ਨਾਹ ਹੀ ਕਿਤੇ ਬੇਅੰਤ ਪ੍ਰਭੂ ਦਾ ਹੁਕਮ ਚੱਲ ਰਿਹਾ ਸੀ।

44289	1035	ਨਾ ਦਿਨੁ ਰੈਨਿ ਨ ਚੰਦੁ ਨ ਸੂਰਜੁ ਸੁੰਨ ਸਮਾਧਿ ਲਗਾਇਦਾ॥੧॥		Naa Dhin Rain N Chandh N Sooraj Sunn Samaadhh Lagaaeidhaa ||1||	There was no day or night, no moon or sun; God sat in primal, profound Samaadhi. ||1||	ਤਦੋਂ ਨਾਹ ਦਿਨ ਸੀ ਨਾਹ ਰਾਤ ਸੀ, ਨਾਹ ਚੰਦ ਸੀ ਨਾਹ ਸੂਰਜ ਸੀ। ਤਦੋਂ ਪਰਮਾਤਮਾ ਆਪਣੇ ਆਪ ਵਿਚ ਹੀ (ਮਾਨੋ ਐਸੀ) ਸਮਾਧੀ ਲਾਈ ਬੈਠਾ ਸੀ ਜਿਸ ਵਿਚ ਕੋਈ ਕਿਸੇ ਕਿਸਮ ਦਾ ਫੁਰਨਾ ਨਹੀਂ ਸੀ ॥੧॥
44290	1035	ਖਾਣੀ ਨ ਬਾਣੀ ਪਉਣ ਨ ਪਾਣੀ॥		Khaanee N Baanee Poun N Paanee ||	There were no sources of creation or powers of speech, no air or water.	ਤਦੋਂ ਨਾਹ ਜਗਤ-ਰਚਨਾ ਦੀਆਂ ਚਾਰ ਖਾਣੀਆਂ ਸਨ, ਨਾਹ ਜੀਵਾਂ ਦੀਆਂ ਬਾਣੀਆਂ ਸਨ, ਨਾਹ ਹਵਾ ਸੀ, ਨਾਹ ਪਾਣੀ ਸੀ,
44291	1035	ਓਪਤਿ ਖਪਤਿ ਨ ਆਵਣ ਜਾਣੀ॥		Oupath Khapath N Aavan Jaanee ||	There was no creation or destruction, no coming or going.	ਨਾਹ ਉਤਪੱਤੀ ਸੀ ਨਾਹ ਪਰਲੋ ਸੀ, ਨਾਹ ਜੰਮਣ ਸੀ ਨਾਹ ਮਰਨ ਸੀ।
44292	1035	ਖੰਡ ਪਤਾਲ ਸਪਤ ਨਹੀ ਸਾਗਰ ਨਦੀ ਨ ਨੀਰੁ ਵਹਾਇਦਾ॥੨॥		Khandd Pathaal Sapath Nehee Saagar Nadhee N Neer Vehaaeidhaa ||2||	There were no continents, nether regions, seven seas, rivers or flowing water. ||2||	ਤਦੋਂ ਨਾਹ ਧਰਤੀ ਦੇ ਨੌ ਖੰਡ ਸਨ ਨਾਹ ਪਾਤਾਲ ਸੀ, ਨਾਹ ਸਤ ਸਮੁੰਦਰ ਸਨ ਤੇ ਨਾਹ ਹੀ ਨਦੀਆਂ ਵਿਚ ਪਾਣੀ ਵਹਿ ਰਿਹਾ ਸੀ ॥੨॥
44293	1035	ਨਾ ਤਦਿ ਸੁਰਗੁ ਮਛੁ ਪਇਆਲਾ॥	ਪ-ਇਆਲਾ	Naa Thadh Surag Mashh Paeiaalaa ||	There were no heavenly realms, earth or nether regions of the underworld.	ਤਦੋਂ ਨਾਹ ਸੁਰਗ-ਲੋਕ ਸੀ, ਨਾਹ ਮਾਤ-ਲੋਕ ਸੀ ਤੇ ਨਾਹ ਹੀ ਪਤਾਲ ਸੀ।

44294	1035	ਦੋਜਕੁ ਭਿਸਤੁ ਨਹੀ ਖੈ ਕਾਲਾ॥	ਖੈ: ਨਾਸ ਕਰਨ ਵਾਲਾ (ਕਾਲਾ) ਕਾਲ। (ਨਹੀ) ਦੇਲ੍ਹੀ ਦੀਵਾ	Dhojak Bhisath Nehee Khai Kaalaa ||	There was no heaven or hell, no death or time.	ਤਦੋਂ ਨਾਹ ਕੋਈ ਦੋਜ਼ਖ਼ ਸੀ ਨਾਹ ਬਹਿਸ਼ਤ ਸੀ, ਤੇ ਨਾਹ ਹੀ ਮੌਤ ਲਿਆਉਣ ਵਾਲਾ ਕਾਲ ਸੀ।
44295	1035	ਨਰਕੁ ਸੁਰਗੁ ਨਹੀ ਜੰਮਣੁ ਮਰਣਾ ਨਾ ਕੋ ਆਇ ਨ ਜਾਇਦਾ॥੩॥		Narak Surag Nehee Janman Maranaa Naa Ko Aae N Jaaeidhaa ||3||	There was no hell or heaven, no birth or death, no coming or going in reincarnation. ||3||	ਤਦੋਂ ਨਾਹ ਸੁਰਗ ਸੀ ਨਾਹ ਨਰਕ ਸੀ, ਨਾਹ ਜੰਮਣ ਸੀ ਨਾਹ ਮਰਨ ਸੀ, ਨਾਹ ਕੋਈ ਜੰਮਦਾ ਸੀ ਨਾਹ ਮਰਦਾ ਸੀ ॥੩॥
44296	1035	ਬ੍ਰਹਮਾ ਬਿਸਨੁ ਮਹੇਸੁ ਨ ਕੋਈ॥		Brehamaa Bisan Mehaes N Koee ||	There was no Brahma, Vishnu or Shiva.	ਤਦੋਂ ਨਾਹ ਕੋਈ ਬ੍ਰਹਮਾ ਸੀ ਨਾਹ ਵਿਸ਼ਨੂੰ ਸੀ ਤੇ ਨਾਹ ਹੀ ਸ਼ਿਵ ਸੀ।
44297	1035	ਅਵਰੁ ਨ ਦੀਸੈ ਏਕੋ ਸੋਈ॥		Avar N Dheesai Eaeko Soee ||	No one was seen, except the One Lord.	ਤਦੋਂ ਇਕ ਪਰਮਾਤਮਾ ਹੀ ਪਰਮਾਤਮਾ ਸੀ, ਹੋਰ ਕੋਈ ਵਿਅਕਤੀ ਨਹੀਂ ਸੀ ਦਿੱਸਦਾ।
44298	1035	ਨਾਰਿ ਪੁਰਖੁ ਨਹੀ ਜਾਤਿ ਨ ਜਨਮਾ ਨਾ ਕੋ ਦੁਖੁ ਸੁਖੁ ਪਾਇਦਾ॥੪॥		Naar Purakh Nehee Jaath N Janamaa Naa Ko Dhukh Sukh Paaeidhaa ||4||	There was no female or male, no social class or caste of birth; no one experienced pain or pleasure. ||4||	ਤਦੋਂ ਨਾਹ ਕੋਈ ਇਸਤ੍ਰੀ ਸੀ ਨਾਹ ਕੋਈ ਮਰਦ ਸੀ ਤਦੋਂ ਨਾਹ ਕੋਈ ਜਾਤਿ ਸੀ ਨਾਹ ਕਿਸੇ ਜਾਤਿ ਵਿਚ ਕੋਈ ਜਨਮ ਹੀ ਲੈਂਦਾ ਸੀ। ਨਾਹ ਕੋਈ ਦੁੱਖ ਸੁਖ ਭੋਗਣ ਵਾਲਾ ਜੀਵ ਹੀ ਸੀ ॥੪॥
44299	1035	ਨਾ ਤਦਿ ਜਤੀ ਸਤੀ ਬਨਵਾਸੀ ॥		Naa Thadh Jathee Sathee Banavaasee ||	There were no people of celibacy or charity; no one lived in the forests.	ਤਦੋਂ ਨਾਹ ਕੋਈ ਜਤੀ ਸੀ ਨਾਹ ਕੋਈ ਸਤੀ ਸੀ ਤੇ ਨਾਹ ਕੋਈ ਤਿਆਗੀ ਸੀ।

44300	1035	ਨਾ ਤਦਿ ਸਿਧ ਸਾਧਿਕ ਸੁਖਵਾਸੀ॥		Naa Thadh Sidhh Saadhhik Sukhavaasee ||	There were no Siddhas or seekers, no one living in peace.	ਤਦੋਂ ਨਾਹ ਕੋਈ ਸਿੱਧ ਸਨ ਨਾਹ ਸਾਧਿਕ ਸਨ ਤੇ ਨਾਹ ਹੀ ਕੋਈ ਗ੍ਰਿਹਸਤੀ ਸਨ।
44301	1035	ਜੋਗੀ ਜੰਗਮ ਭੇਖੁ ਨ ਕੋਈ ਨਾ ਕੋ ਨਾਥੁ ਕਹਾਇਦਾ॥੫॥		Jogee Jangam Bhaekh N Koee Naa Ko Naathh Kehaaeidhaa ||5||	There were no Yogis, no wandering pilgrims, no religious robes; no one called himself the master. ||5||	ਤਦੋਂ ਨਾਹ ਕੋਈ ਜੋਗੀਆਂ ਦਾ ਤੇ ਨਾਹ ਕੋਈ ਜੰਗਮਾਂ ਦਾ ਭੇਖ ਸੀ, ਤੇ ਨਾਹ ਹੀ ਕੋਈ ਜੋਗੀਆਂ ਦਾ ਗੁਰੂ ਅਖਵਾਣ ਵਾਲਾ ਸੀ ॥੫॥
44302	1035	ਜਪ ਤਪ ਸੰਜਮ ਨਾ ਬ੍ਰਤ ਪੂਜਾ॥		Jap Thap Sanjam Naa Brath Poojaa ||	There was no chanting or meditation, no self-discipline, fasting or worship.	ਤਦੋਂ ਨਾਹ ਕਿਤੇ ਜਪ ਹੋ ਰਹੇ ਸਨ ਨਾਹ ਤਪ ਹੋ ਰਹੇ ਸਨ, ਨਾਹ ਕਿਤੇ ਸੰਜਮ ਸਾਧੇ ਜਾ ਰਹੇ ਸਨ ਨਾਹ ਵਰਤ ਰੱਖੇ ਜਾ ਰਹੇ ਸਨ ਤੇ ਨਾਹ ਹੀ ਪੂਜਾ ਕੀਤੀ ਜਾ ਰਹੀ ਸੀ।
44303	1035	ਨਾ ਕੋ ਆਖਿ ਵਖਾਣੈ ਦੂਜਾ॥		Naa Ko Aakh Vakhaanai Dhoojaa ||	No one spoke or talked in duality.	ਤਦੋਂ ਕੋਈ ਐਸਾ ਜੀਵ ਨਹੀਂ ਸੀ ਜੋ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਦਾ ਜ਼ਿਕਰ ਕਰ ਸਕਦਾ।
44304	1035	ਆਪੇ ਆਪਿ ਉਪਾਇ ਵਿਗਸੈ ਆਪੇ ਕੀਮਤਿ ਪਾਇਦਾ॥੬॥		Aapae Aap Oupaae Vigasai Aapae Keemath Paaeidhaa ||6||	He created Himself, and rejoiced; He evaluates Himself. ||6||	ਤਦੋਂ ਪਰਮਾਤਮਾ ਆਪ ਹੀ ਆਪਣੇ ਆਪ ਵਿਚ ਪਰਗਟ ਹੋ ਕੇ ਖ਼ੁਸ਼ ਹੋ ਰਿਹਾ ਸੀ ਤੇ ਆਪਣੇ ਵਡੱਪਣ ਦਾ ਮੁੱਲ ਆਪ ਹੀ ਪਾਂਦਾ ਸੀ ॥੬॥

44305	1035	ਨਾ ਸੁਚਿ ਸੰਜਮੁ ਤੁਲਸੀ ਮਾਲਾ॥		Naa Such Sanjam Thulasee Maalaa ||	There was no purification, no self-restraint, no malas of basil seeds.	ਤਦੋਂ ਨਾਹ ਕਿਤੇ ਸੁੱਚ ਰੱਖੀ ਜਾ ਰਹੀ ਸੀ, ਨਾਹ ਕਿਤੇ ਕੋਈ ਸੰਜਮ ਕੀਤਾ ਜਾ ਰਿਹਾ ਸੀ, ਨਾਹ ਹੀ ਕਿਤੇ ਤੁਲਸੀ ਦੀ ਮਾਲਾ ਸੀ।
44306	1035	ਗੋਪੀ ਕਾਨੁ ਨ ਗਊ ਗੁਆਲਾ॥	ਕਾਨ੍	Gopee Kaan N Goo Guoaalaa ||	There were no Gopis, no Krishna, no cows or cowherds.	ਤਦੋਂ ਨਾਹ ਕਿਤੇ ਕੋਈ ਗੋਪੀ ਸੀ ਨਾਹ ਕੋਈ ਕਾਨ੍ਹ ਸੀ, ਨਾਹ ਕੋਈ ਗਊ ਸੀ ਨਾਹ ਗਊਆਂ ਦਾ ਰਾਖਾ ਸੀ।
44307	1035	ਤੰਤੁ ਮੰਤੁ ਪਾਖੰਡੁ ਨ ਕੋਈ ਨਾ ਕੋ ਵੰਸੁ ਵਜਾਇਦਾ॥੭॥		Thanth Manth Paakhandd N Koee Naa Ko Vans Vajaaeidhaa ||7||	There were no tantras, no mantras and no hypocrisy; no one played the flute. ||7||	ਤਦੋਂ ਨਾਹ ਕੋਈ ਤੰਤ੍ਰ ਮੰਤ੍ਰ ਆਦਿਕ ਪਖੰਡ ਸੀ ਤੇ ਨਾਹ ਕੋਈ ਬੰਸਰੀ ਵਜਾ ਰਿਹਾ ਸੀ ॥੭॥
44308	1035	ਕਰਮ ਧਰਮ ਨਹੀ ਮਾਇਆ ਮਾਖੀ॥		Karam Dhharam Nehee Maaeiaa Maakhee ||	There was no karma, no Dharma, no buzzing fly of Maya.	ਤਦੋਂ ਨਾਹ ਕਿਤੇ ਧਾਰਮਿਕ ਕਰਮ-ਕਾਂਡ ਸੀ ਨਾਹ ਕਿਤੇ ਮਿੱਠੀ ਮਾਇਆ ਸੀ।
44309	1035	ਜਾਤਿ ਜਨਮੁ ਨਹੀ ਦੀਸੈ ਆਖੀ॥		Jaath Janam Nehee Dheesai Aakhee ||	Social class and birth were not seen with any eyes.	ਤਦੋਂ ਨਾਹ ਕਿਤੇ ਕੋਈ (ਉੱਚੀ ਨੀਵੀਂ) ਜਾਤਿ ਸੀ ਤੇ ਨਾਹ ਹੀ ਕਿਸੇ ਜਾਤਿ ਵਿਚ ਕੋਈ ਜਨਮ ਲੈਂਦਾ ਅੱਖੀਂ ਦਿੱਸਦਾ ਸੀ।
44310	1035	ਮਮਤਾ ਜਾਲੁ ਕਾਲੁ ਨਹੀ ਮਾਥੈ ਨਾ ਕੋ ਕਿਸੈ ਧਿਆਇਦਾ॥੮॥		Mamathaa Jaal Kaal Nehee Maathhai Naa Ko Kisai Dhhiaaeidhaa ||8||	There was no noose of attachment, no death inscribed upon the forehead; no one meditated on anything. ||8||	ਤਦੋਂ ਨਾਹ ਕਿਤੇ ਮਾਇਆ ਦੀ ਮਮਤਾ ਦਾ ਜਾਲ ਸੀ, ਨਾਹ ਕਿਤੇ ਕਿਸੇ ਦੇ ਸਿਰ ਉਤੇ ਕਾਲ (ਕੂਕਦਾ ਸੀ)। ਨਾਹ ਕੋਈ ਜੀਵ ਕਿਸੇ ਦਾ ਸਿਮਰਨ-ਧਿਆਨ ਧਰਦਾ ਸੀ ॥੮॥

44311	1035	ਨਿੰਦੁ ਬਿੰਦੁ ਨਹੀ ਜੀਉ ਨ ਜਿੰਦੋ॥		Nindh Bindh Nehee Jeeo N Jindho ||	There was no slander, no seed, no soul and no life.	ਤਦੋਂ ਨਾਹ ਕਿਤੇ ਨਿੰਦਿਆ ਸੀ ਨਾਹ ਖ਼ੁਸ਼ਾਮਦ ਸੀ, ਨਾਹ ਕੋਈ ਜੀਵਾਤਮਾ ਸੀ ਨਾਹ ਕੋਈ ਜਿੰਦ ਸੀ।
44312	1035	ਨਾ ਤਦਿ ਗੋਰਖੁ ਨਾ ਮਾਛਿੰਦੋ॥		Naa Thadh Gorakh Naa Maashhindho ||	There was no Gorakh and no Maachhindra.	ਤਦੋਂ ਨਾਹ ਗੋਰਖ ਸੀ ਨਾਹ ਮਾਛਿੰਦ੍ਰ ਨਾਥ ਸੀ।
44313	1035	ਨਾ ਤਦਿ ਗਿਆਨੁ ਧਿਆਨੁ ਕੁਲ ਓਪਤਿ ਨਾ ਕੋ ਗਣਤ ਗਣਾਇਦਾ॥੯॥		Naa Thadh Giaan Dhhiaan Kul Oupath Naa Ko Ganath Ganaaeidhaa ||9||	There was no spiritual wisdom or meditation, no ancestry or creation, no reckoning of accounts. ||9||	ਤਦੋਂ ਨਾਹ ਕਿਤੇ (ਧਾਰਮਿਕ ਪੁਸਤਕਾਂ ਦੀ) ਗਿਆਨ-ਚਰਚਾ ਸੀ ਨਾਹ ਕਿਤੇ ਸਮਾਧੀ-ਇਸਥਿਤ ਧਿਆਨ ਸੀ, ਤਦੋਂ ਨਾਹ ਕਿਤੇ ਕੁਲਾਂ ਦੀ ਉਤਪੱਤੀ ਸੀ ਤੇ ਨਾਹ ਹੀ ਕੋਈ (ਚੰਗੀ ਕੁਲ ਵਿਚ ਜੰਮਣ ਦਾ) ਮਾਣ ਕਰਦਾ ਸੀ ॥੯॥
44314	1036	ਵਰਨ ਭੇਖ ਨਹੀ ਬ੍ਰਹਮਣ ਖਤ੍ਰੀ॥		Varan Bhaekh Nehee Brehaman Khathree ||	There were no castes or social classes, no religious robes, no Brahmin or Kh'shaatriya.	ਤਦੋਂ ਨਾਹ ਕੋਈ ਬ੍ਰਾਹਮਣ ਖੱਤ੍ਰੀ ਆਦਿਕ ਵਰਨ ਸਨ ਨਾਹ ਕਿਤੇ ਜੋਗੀ ਜੰਗਮ ਆਦਿਕ ਭੇਖ ਸਨ।
44315	1036	ਦੇਉ ਨ ਦੇਹੁਰਾ ਗਊ ਗਾਇਤ੍ਰੀ॥		Dhaeo N Dhaehuraa Goo Gaaeithree ||	There were no demi-gods or temples, no cows or Gaayatri prayer.	ਤਦੋਂ ਨਾਹ ਕੋਈ ਦੇਵਤਾ ਸੀ ਤੇ ਨਾਹ ਦੇਵਤੇ ਦਾ ਮੰਦਰ ਸੀ। ਤਦੋਂ ਨਾਹ ਕੋਈ ਗਊ ਸੀ, ਨਾਹ ਕਿਤੇ ਗਾਇਤ੍ਰੀ ਸੀ।

44316	1036	ਹੋਮ ਜਗ ਨਹੀ ਤੀਰਥਿ ਨਾਵਣੁ ਨਾ ਕੋ ਪੂਜਾ ਲਾਇਦਾ॥੧੦॥	ਜੱਗ	Hom Jag Nehee Theerathh Naavan Naa Ko Poojaa Laaeidhaa ||10||	There were no burnt offerings, no ceremonial feasts, no cleansing rituals at sacred shrines of pilgrimage; no one worshipped in adoration. ||10||	ਨਾਹ ਕਿਤੇ ਹਵਨ ਸਨ ਨਾਹ ਜੱਗ ਹੋ ਰਹੇ ਸਨ, ਨਾਹ ਕਿਤੇ ਤੀਰਥਾਂ ਦਾ ਇਸ਼ਨਾਨ ਸੀ ਤੇ ਨਾਹ ਕੋਈ (ਦੇਵ-) ਪੂਜਾ ਕਰ ਰਿਹਾ ਸੀ ॥੧੦॥
44317	1036	ਨਾ ਕੋ ਮੁਲਾ ਨਾ ਕੋ ਕਾਜੀ॥	ਮੁੱਲਾਂ	Naa Ko Mulaa Naa Ko Kaajee ||	There was no Mullah, there was no Qazi.	ਤਦੋਂ ਨਾਹ ਕੋਈ ਮੌਲਵੀ ਸੀ ਨਾਹ ਕਾਜ਼ੀ ਸੀ,
44318	1036	ਨਾ ਕੋ ਸੇਖੁ ਮਸਾਇਕੁ ਹਾਜੀ॥		Naa Ko Saekh Masaaeik Haajee ||	There was no Shaykh, or pilgrims to Mecca.	ਨਾਹ ਕੋਈ ਸ਼ੇਖ਼ ਸੀ ਨਾਹ ਹਾਜੀ ਸੀ।
44319	1036	ਰਈਅਤਿ ਰਾਉ ਨ ਹਉਮੈ ਦੁਨੀਆ ਨਾ ਕੋ ਕਹਣੁ ਕਹਾਇਦਾ॥੧੧॥		Reeath Raao N Houmai Dhuneeaa Naa Ko Kehan Kehaaeidhaa ||11||	There was no king or subjects, and no worldly egotism; no one spoke of himself. ||11||	ਤਦੋਂ ਨਾਹ ਕਿਤੇ ਪਰਜਾ ਸੀ ਨਾਹ ਕੋਈ ਰਾਜਾ ਸੀ, ਨਾਹ ਕਿਤੇ ਦੁਨੀਆ ਵਾਲੀ ਹਉਮੈ ਹੀ ਸੀ, ਨਾਹ ਕੋਈ ਇਹੋ ਜਿਹੀ ਗੱਲ ਹੀ ਕਰਨ ਵਾਲਾ ਸੀ ॥੧੧॥
44320	1036	ਭਾਉ ਨ ਭਗਤੀ ਨਾ ਸਿਵ ਸਕਤੀ॥		Bhaao N Bhagathee Naa Siv Sakathee ||	There was no love or devotion, no Shiva or Shakti - no energy or matter.	ਤਦੋਂ ਨਾਹ ਕਿਤੇ ਪ੍ਰੇਮ ਸੀ ਨਾਹ ਕਿਤੇ ਭਗਤੀ ਸੀ, ਨਾਹ ਕਿਤੇ ਜੜ੍ਹ ਸੀ ਨਾਹ ਚੇਤਨ ਸੀ।
44321	1036	ਸਾਜਨੁ ਮੀਤੁ ਬਿੰਦੁ ਨਹੀ ਰਕਤੀ॥		Saajan Meeth Bindh Nehee Rakathee ||	There were no friends or companions, no semen or blood.	ਤਦੋਂ ਨਾਹ ਕਿਤੇ ਕੋਈ ਸੱਜਣ ਸੀ ਨਾਹ ਮਿੱਤਰ ਸੀ, ਨਾਹ ਕਿਤੇ ਪਿਤਾ ਦਾ ਵੀਰਜ ਸੀ ਨਾਹ ਮਾਂ ਦੀ ਰੱਤ ਸੀ।

44322	1036	ਆਪੇ ਸਾਹੁ ਆਪੇ ਵਣਜਾਰਾ ਸਾਚੇ ਏਹੋ ਭਾਇਦਾ॥੧੨॥		Aapae Saahu Aapae Vanajaaraa Saachae Eaeho Bhaaeidhaa ||12||	He Himself is the banker, and He Himself is the merchant. Such is the Pleasure of the Will of the True Lord. ||12||	ਤਦੋਂ ਪਰਮਾਤਮਾ ਆਪ ਹੀ ਸ਼ਾਹ ਸੀ, ਆਪ ਹੀ ਵਣਜ ਕਰਨ ਵਾਲਾ ਸੀ, ਤਦੋਂ ਉਸ ਸਦਾ-ਥਿਰ ਪ੍ਰਭੂ ਨੂੰ ਇਹੋ ਕੁਝ ਚੰਗਾ ਲੱਗਦਾ ਸੀ ॥੧੨॥
44323	1036	ਬੇਦ ਕਤੇਬ ਨ ਸਿੰਮ੍ਰਿਤਿ ਸਾਸਤ॥	ਸਿੰਮ੍ਰਿਤਿ	Baedh Kathaeb N Sinmrith Saasath ||	There were no Vedas, Korans or Bibles, no Simritees or Shaastras.	ਤਦੋਂ ਨਾਹ ਕਿਤੇ ਸ਼ਾਸਤ੍ਰ ਸਿੰਮ੍ਰਿਤੀਆਂ ਤੇ ਵੇਦ ਸਨ, ਨਾਹ ਕਿਤੇ ਕੁਰਾਨ ਅੰਜੀਲ ਆਦਿਕ ਸ਼ਾਮੀ ਕਿਤਾਬਾਂ ਸਨ।
44324	1036	ਪਾਠ ਪੁਰਾਣ ਉਦੈ ਨਹੀ ਆਸਤ॥		Paath Puraan Oudhai Nehee Aasath ||	There was no recitation of the Puraanas, no sunrise or sunset.	ਤਦੋਂ ਕਿਤੇ ਪੁਰਾਣਾਂ ਦੇ ਪਾਠ ਭੀ ਨਹੀਂ ਸਨ। ਤਦੋਂ ਨਾਹ ਕਿਤੇ ਸੂਰਜ ਦਾ ਚੜ੍ਹਨਾ ਸੀ ਨਾਹ ਡੁੱਬਣਾ ਸੀ।
44325	1036	ਕਹਤਾ ਬਕਤਾ ਆਪਿ ਅਗੋਚਰੁ ਆਪੇ ਅਲਖੁ ਲਖਾਇਦਾ॥੧੩॥		Kehathaa Bakathaa Aap Agochar Aapae Alakh Lakhaaeidhaa ||13||	The Unfathomable Lord Himself was the speaker and the preacher; the unseen Lord Himself saw everything. ||13||	ਤਦੋਂ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਰਹਿਣ ਵਾਲਾ ਪਰਮਾਤਮਾ ਆਪ ਹੀ ਬੋਲਣ ਚਾਲਣ ਵਾਲਾ ਸੀ, ਆਪ ਹੀ ਅਦ੍ਰਿਸ਼ਟ ਸੀ ਤੇ ਆਪ ਹੀ ਆਪਣੇ ਆਪ ਨੂੰ ਪਰਗਟ ਕਰਨ ਵਾਲਾ ਸੀ ॥੧੩॥
44326	1036	ਜਾ ਤਿਸੁ ਭਾਣਾ ਤਾ ਜਗਤੁ ਉਪਾਇਆ॥	ਜੱਗਤੁ	Jaa This Bhaanaa Thaa Jagath Oupaaeiaa ||	When He so willed, He created the world.	ਜਦੋਂ ਉਸ ਪਰਮਾਤਮਾ ਨੂੰ ਚੰਗਾ ਲੱਗਾ ਤਾਂ ਉਸ ਨੇ ਜਗਤ ਪੈਦਾ ਕਰ ਦਿੱਤਾ।

44327	1036	ਬਾਝੁ ਕਲਾ ਆਡਾਣੁ ਰਹਾਇਆ॥		Baajh Kalaa Aaddaan Rehaaeiaa ||	Without any supporting power, He sustained the universe.	ਇਸ ਸਾਰੇ ਜਗਤ-ਖਿਲਾਰੇ ਨੂੰ ਉਸ ਨੇ (ਕਿਸੇ ਦਿੱਸਦੇ) ਸਹਾਰੇ ਤੋਂ ਬਿਨਾ ਹੀ (ਆਪੋ ਆਪਣੇ ਥਾਂ) ਟਿਕਾ ਦਿੱਤਾ।
44328	1036	ਬ੍ਰਹਮਾ ਬਿਸਨੁ ਮਹੇਸੁ ਉਪਾਏ ਮਾਇਆ ਮੋਹੁ ਵਧਾਇਦਾ॥੧੪॥		Brehamaa Bisan Mehaes Oupaaeae Maaeiaa Mohu Vadhhaaeidhaa ||14||	He created Brahma, Vishnu and Shiva; He fostered enticement and attachment to Maya. ||14||	ਤਦੋਂ ਉਸ ਨੇ ਬ੍ਰਹਮਾ ਵਿਸ਼ਨੂ ਤੇ ਸ਼ਿਵ ਭੀ ਪੈਦਾ ਕਰ ਦਿੱਤੇ, (ਜਗਤ ਵਿਚ) ਮਾਇਆ ਦਾ ਮੋਹ ਭੀ ਵਧਾ ਦਿੱਤਾ ॥੧੪॥
44329	1036	ਵਿਰਲੇ ਕਉ ਗੁਰਿ ਸਬਦੁ ਸੁਣਾਇਆ॥		Viralae Ko Gur Sabadh Sunaaeiaa ||	How rare is that person who listens to the Word of the Guru's Shabad.	ਜਿਸ ਕਿਸੇ ਵਿਰਲੇ ਬੰਦੇ ਨੂੰ ਗੁਰੂ ਨੇ ਉਪਦੇਸ਼ ਸੁਣਾਇਆ।
44330	1036	ਕਰਿ ਕਰਿ ਦੇਖੈ ਹੁਕਮੁ ਸਬਾਇਆ॥		Kar Kar Dhaekhai Hukam Sabaaeiaa ||	He created the creation, and watches over it; the Hukam of His Command is over all.	(ਉਸ ਨੂੰ ਸਮਝ ਆ ਗਈ ਕਿ) ਪਰਮਾਤਮਾ ਜਗਤ ਪੈਦਾ ਕਰ ਕੇ ਆਪ ਹੀ ਸੰਭਾਲ ਕਰ ਰਿਹਾ ਹੈ, ਹਰ ਥਾਂ ਉਸ ਦਾ ਹੁਕਮ ਚੱਲ ਰਿਹਾ ਹੈ।
44331	1036	ਖੰਡ ਬ੍ਰਹਮੰਡ ਪਾਤਾਲ ਅਰੰਭੇ ਗੁਪਤਹੁ ਪਰਗਟੀਆਇਦਾ॥੧੫॥	ਪਰਗਟੀ-ਆਇਦਾ	Khandd Brehamandd Paathaal Aranbhae Gupathahu Paragattee Aaeidhaa ||15||	He formed the planets, solar systems and nether regions, and brought what was hidden to manifestation. ||15||	ਉਸ ਪਰਮਾਤਮਾ ਨੇ ਆਪ ਹੀ ਖੰਡ ਬ੍ਰਹਮੰਡ ਪਾਤਾਲ ਆਦਿਕ ਬਣਾਏ ਹਨ ਤੇ ਉਹ ਆਪ ਹੀ ਗੁਪਤ ਹਾਲਤ ਤੋਂ ਪਰਗਟ ਹੋਇਆ ਹੈ ॥੧੫॥

44332	1036	ਤਾ ਕਾ ਅੰਤੁ ਨ ਜਾਣੈ ਕੋਈ॥		Thaa Kaa Anth N Jaanai Koee ||	No one knows His limits.	ਕੋਈ ਭੀ ਜੀਵ ਪਰਮਾਤਮਾ ਦੀ ਤਾਕਤ ਦਾ ਅੰਤ ਨਹੀਂ ਜਾਣ ਸਕਦਾ,
44333	1036	ਪੂਰੇ ਗੁਰ ਤੇ ਸੋਝੀ ਹੋਈ॥		Poorae Gur Thae Sojhee Hoee ||	This understanding comes from the Perfect Guru.	ਇਹ ਸਮਝ ਪੂਰੇ ਗੁਰੂ ਤੋਂ ਪੈਂਦੀ ਹੈ।
44334	1036	ਨਾਨਕ ਸਾਚਿ ਰਤੇ ਬਿਸਮਾਦੀ ਬਿਸਮ ਭਏ ਗੁਣ ਗਾਇਦਾ॥੧੬॥੩॥੧੫॥		Naanak Saach Rathae Bisamaadhee Bisam Bheae Gun Gaaeidhaa ||16||3||15||	O Nanak, those who are attuned to the Truth are wonderstruck; singing His Glorious Praises, they are filled with wonder. ||16||3||15||	ਹੇ ਨਾਨਕ! ਜੇਹੜੇ ਬੰਦੇ ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ (ਦੇ ਨਾਮ-ਰੰਗ) ਵਿਚ ਰੰਗੇ ਜਾਂਦੇ ਹਨ ਉਹ (ਉਸ ਦੀ ਬੇਅੰਤ ਤਾਕਤ ਦੇ ਕੌਤਕ ਵੇਖ ਵੇਖ ਕੇ) ਹੈਰਾਨ ਹੀ ਹੈਰਾਨ ਹੁੰਦੇ ਹਨ ਤੇ ਉਸ ਦੇ ਗੁਣ ਗਾਂਦੇ ਰਹਿੰਦੇ ਹਨ ॥੧੬॥੩॥੧੫॥
44335	1036	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
44336	1036	ਆਪੇ ਆਪੁ ਉਪਾਇ ਨਿਰਾਲਾ॥		Aapae Aap Oupaae Niraalaa ||	He Himself created the creation, remaining unattached.	(ਪਰਮਾਤਮਾ) ਆਪ ਹੀ ਆਪਣੇ ਆਪ ਨੂੰ (ਜਗਤ ਦੇ ਰੂਪ ਵਿਚ) ਪੈਦਾ ਕਰ ਕੇ (ਮਾਇਆ ਦੇ ਮੋਹ ਤੋਂ) ਨਿਰਲੇਪ (ਭੀ) ਰਹਿੰਦਾ ਹੈ।
44337	1036	ਸਾਚਾ ਥਾਨੁ ਕੀਓ ਦਇਆਲਾ॥		Saachaa Thhaan Keeou Dhaeiaalaa ||	The Merciful Lord has established His True Home.	ਸਦਾ-ਥਿਰ ਦਇਆਲ ਪ੍ਰਭੂ ਇਸ ਸਰੀਰ ਨੂੰ (ਆਪਣੇ ਰਹਿਣ ਲਈ) ਥਾਂ ਬਣਾਂਦਾ ਹੈ।

44338	1036	ਪਉਣ ਪਾਣੀ ਅਗਨੀ ਕਾ ਬੰਧਨੁ ਕਾਇਆ ਕੋਟੁ ਰਚਾਇਦਾ॥੧॥		Poun Paanee Aganee Kaa Bandhhan Kaaeiaa Kott Rachaaeidhaa ||1||	Binding together air, water and fire, He created the fortress of the body. ||1||	ਹਵਾ ਪਾਣੀ ਅੱਗ (ਆਦਿਕ ਤੱਤਾਂ) ਦਾ ਮੇਲ ਕਰ ਕੇ ਉਹ ਪਰਮਾਤਮਾ ਸਰੀਰ-ਕਿਲ੍ਹਾ ਰਚਦਾ ਹੈ ॥੧॥
44339	1036	ਨਉ ਘਰ ਥਾਪੇ ਥਾਪਣਹਾਰੈ॥		No Ghar Thhaapae Thhaapanehaarai ||	The Creator established the nine gates.	ਬਣਾਣ ਦੀ ਤਾਕਤ ਰੱਖਣ ਵਾਲੇ ਪ੍ਰਭੂ ਨੇ ਇਸ ਸਰੀਰ ਦੇ ਨੌ ਘਰ (ਕਰਮ ਇੰਦ੍ਰੇ) ਬਣਾਏ ਹਨ।
44340	1036	ਦਸਵੈ ਵਾਸਾ ਅਲਖ ਅਪਾਰੈ॥		Dhasavai Vaasaa Alakh Apaarai ||	In the Tenth Gate, is the dwelling of the infinite, unseen Lord.	ਦਸਵੇਂ ਘਰ (ਦਸਵੇਂ ਦੁਆਰ) ਵਿਚ ਉਸ ਅਦ੍ਰਿਸ਼ਟ ਤੇ ਬੇਅੰਤ ਪ੍ਰਭੂ ਦੀ ਰਿਹੈਸ਼ ਹੈ।
44341	1036	ਸਾਇਰ ਸਪਤ ਭਰੇ ਜਲਿ ਨਿਰਮਲਿ ਗੁਰਮੁਖਿ ਮੈਲੁ ਨ ਲਾਇਦਾ॥੨॥		Saaeir Sapath Bharae Jal Niramal Guramukh Mail N Laaeidhaa ||2||	The seven seas are overflowing with the Ambrosial Water; the Gurmukhs are not stained with filth. ||2||	(ਜੀਵ ਮਾਇਆ ਦੇ ਮੋਹ ਵਿਚ ਫਸ ਕੇ ਆਪਣੇ ਆਪ ਨੂੰ ਮਲੀਨ ਕਰ ਲੈਂਦੇ ਹਨ, ਪਰ) ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਸ ਦੇ ਪੰਜੇ ਗਿਆਨ-ਇੰਦ੍ਰੇ ਉਸ ਦਾ ਮਨ ਉਸ ਦੀ ਬੁੱਧੀ-ਇਹ ਸੱਤੇ ਹੀ ਸਰੋਵਰ ਪ੍ਰਭੂ ਦੇ ਨਾਮ ਦੇ ਪਵਿਤ੍ਰ ਜਲ ਨਾਲ ਭਰੇ ਰਹਿੰਦੇ ਹਨ, ਇਸ ਵਾਸਤੇ ਉਸ ਨੂੰ ਮਾਇਆ ਦੀ ਮੈਲ ਨਹੀਂ ਲੱਗਦੀ ॥੨॥

44342	1036	ਰਵਿ ਸਸਿ ਦੀਪਕ ਜੋਤਿ ਸਬਾਈ॥		Rav Sas Dheepak Joth Sabaaee ||	The lamps of the sun and the moon fill all with light.	ਪਰਮਾਤਮਾ ਨੇ ਆਪ ਹੀ ਸੂਰਜ ਚੰਦ੍ਰਮਾ (ਜਗਤ ਦੇ) ਦੀਵੇ ਬਣਾਏ ਹਨ। ਇਹਨਾਂ ਸੂਰਜ ਚੰਦ੍ਰਮਾ (ਆਦਿਕ) ਦੀਵਿਆਂ ਵਿਚ ਸਾਰੀ ਸ੍ਰਿਸ਼ਟੀ ਵਿਚ ਉਸ ਦੀ ਆਪਣੀ ਹੀ ਜੋਤਿ (ਚਾਨਣ ਕਰ ਰਹੀ) ਹੈ।
44343	1036	ਆਪੇ ਕਰਿ ਵੇਖੈ ਵਡਿਆਈ॥		Aapae Kar Vaekhai Vaddiaaee ||	Creating them, He beholds His own glorious greatness.	ਉਹ ਪਰਮਾਤਮਾ ਆਪਣੀ ਵਡਿਆਈ ਆਪ ਵੇਖਦਾ ਹੈ।
44344	1036	ਜੋਤਿ ਸਰੂਪ ਸਦਾ ਸੁਖਦਾਤਾ ਸਚੇ ਸੋਭਾ ਪਾਇਦਾ॥੩॥		Joth Saroop Sadhaa Sukhadhaathaa Sachae Sobhaa Paaeidhaa ||3||	The Giver of peace is forever the embodiment of Light; from the True Lord, glory is obtained. ||3||	ਉਹ ਪ੍ਰਭੂ ਸਦਾ ਚਾਨਣ ਹੀ ਚਾਨਣ ਹੈ, ਉਹ ਸਦਾ (ਜੀਵਾਂ ਨੂੰ) ਸੁਖ ਦੇਣ ਵਾਲਾ ਹੈ। ਜੇਹੜਾ ਜੀਵ ਉਸ ਦਾ ਰੂਪ ਹੋ ਜਾਂਦਾ ਹੈ ਉਸ ਨੂੰ ਪ੍ਰਭੂ ਆਪ ਹੀ ਸੋਭਾ ਦੇਂਦਾ ਹੈ ॥੩॥
44345	1036	ਗੜ ਮਹਿ ਹਾਟ ਪਟਣ ਵਾਪਾਰਾ॥	ਗੜ੍। ਪਟਣ:ਪੋਲਾ ਬੋਲੋ	Garr Mehi Haatt Pattan Vaapaaraa ||	Within the fortress are the stores and markets; the business is transacted there.	(ਪ੍ਰਭੂ ਦੇ ਰਚੇ ਹੋਏ ਇਸ ਸਰੀਰ-) ਕਿਲ੍ਹੇ ਵਿਚ (ਗਿਆਨ-ਇੰਦ੍ਰੇ, ਮਾਨੋ) ਸ਼ਹਰ ਦੇ ਹੱਟ ਹਨ ਜਿਥੇ (ਪ੍ਰਭੂ ਆਪ ਹੀ) ਵਾਪਾਰ ਕਰ ਰਿਹਾ ਹੈ।
44346	1036	ਪੂਰੈ ਤੋਲਿ ਤੋਲੈ ਵਣਜਾਰਾ॥		Poorai Thol Tholai Vanajaaraa ||	The Supreme Merchant weighs with the perfect weights.	(ਪ੍ਰਭੂ ਦਾ ਨਾਮ ਹੀ ਇਕ ਐਸਾ ਤੋਲ ਹੈ ਜਿਸ ਦੀ ਰਾਹੀਂ ਕੀਤੇ ਵਣਜ ਵਿਚ ਕੋਈ ਘਾਟਾ ਨਹੀਂ ਪੈਂਦਾ, ਇਸ) ਪੂਰੇ ਤੋਲ ਦੀ ਰਾਹੀਂ ਪ੍ਰਭੂ-ਵਣਜਾਰਾ (ਸਰੀਰ-ਕਿਲ੍ਹੇ ਵਿਚ ਬੈਠ ਕੇ) ਆਪ ਹੀ ਨਾਮ-ਵੱਖਰ ਤੋਲਦਾ ਹੈ।

44347	1036	ਆਪੇ ਰਤਨੁ ਵਿਸਾਹੇ ਲੇਵੈ ਆਪੇ ਕੀਮਤਿ ਪਾਇਦਾ॥੪॥		Aapae Rathan Visaahae Laevai Aapae Keemath Paaeidhaa ||4||	He Himself buys the jewel, and He Himself appraises its value. ||4||	ਪ੍ਰਭੂ ਆਪ ਹੀ ਨਾਮ-ਰਤਨ ਵਿਹਾਝਦਾ ਹੈ, ਆਪ ਹੀ ਨਾਮ ਰਤਨ ਦਾ (ਠੀਕ) ਮੁੱਲ ਪਾਂਦਾ ਹੈ ॥੪॥
44348	1036	ਕੀਮਤਿ ਪਾਈ ਪਾਵਣਹਾਰੈ॥		Keemath Paaee Paavanehaarai ||	The Appraiser appraises its value.	ਕਦਰ ਸਮਝਣ ਵਾਲਾ ਪ੍ਰਭੂ ਹੀ ਆਪਣੇ ਨਾਮ-ਰਤਨ ਦੀ ਕਦਰ ਪਾ ਰਿਹਾ ਹੈ।
44349	1036	ਵੇਪਰਵਾਹ ਪੂਰੇ ਭੰਡਾਰੈ॥		Vaeparavaah Poorae Bhanddaarai ||	The Independent Lord is overflowing with His treasures.	(ਜਿਸ ਨੂੰ ਇਹ ਸਮਝ ਦੇਂਦਾ ਹੈ ਉਹ) ਉਸ ਵੇ-ਪਰਵਾਹ ਪਰਮਾਤਮਾ ਦੇ ਭਰੇ ਖ਼ਜ਼ਾਨੇ ਵਿਚੋਂ ਨਾਮ-ਰਤਨ ਪ੍ਰਾਪਤ ਕਰਦਾ ਹੈ।
44350	1036	ਸਰਬ ਕਲਾ ਲੇ ਆਪੇ ਰਹਿਆ ਗੁਰਮੁਖਿ ਕਿਸੈ ਬੁਝਾਇਦਾ॥੫॥	ਬੁੱਝਾਇਦਾ	Sarab Kalaa Lae Aapae Rehiaa Guramukh Kisai Bujhaaeidhaa ||5||	He holds all powers, He is all-pervading; how few are those who, as Gurmukh, understand this. ||5||	ਪ੍ਰਭੂ ਕਿਸੇ (ਵਿਰਲੇ ਭਾਗਾਂ ਵਾਲੇ) ਨੂੰ ਗੁਰੂ ਦੀ ਰਾਹੀਂ ਇਹ ਸਮਝ ਬਖ਼ਸ਼ਦਾ ਹੈ ਕਿ ਉਹ ਆਪ ਹੀ ਆਪਣੀ ਸਾਰੀ ਸੱਤਿਆ (ਆਪਣੇ ਅੰਦਰ) ਰੱਖ ਕੇ ਸਭ ਜੀਵਾਂ ਵਿਚ ਵਿਆਪ ਰਿਹਾ ਹੈ ॥੫॥
44351	1036	ਨਦਰਿ ਕਰੇ ਪੂਰਾ ਗੁਰੁ ਭੇਟੈ॥		Nadhar Karae Pooraa Gur Bhaettai ||	When He bestows His Glance of Grace, one meets the Perfect Guru.	ਜਿਸ ਮਨੁੱਖ ਉਤੇ ਪ੍ਰਭੂ ਮੇਹਰ ਦੀ ਨਿਗਾਹ ਕਰਦਾ ਹੈ ਉਸ ਨੂੰ ਪੂਰਾ ਸਤਿਗੁਰ ਮਿਲ ਪੈਂਦਾ ਹੈ,
44352	1036	ਜਮ ਜੰਦਾਰੁ ਨ ਮਾਰੈ ਫੇਟੈ॥		Jam Jandhaar N Maarai Faettai ||	The tyrannical Messenger of Death cannot strike him then.	ਜ਼ਾਲਮ ਜਮ ਉਸ ਉਤੇ ਕੋਈ ਸੱਟ-ਫੇਟ ਨਹੀਂ ਕਰ ਕਰਦਾ।

44353	1036	ਜਿਉ ਜਲ ਅੰਤਰਿ ਕਮਲੁ ਬਿਗਾਸੀ ਆਪੇ ਬਿਗਸਿ ਧਿਆਇਦਾ॥੬॥		Jio Jal Anthar Kamal Bigaasee Aapae Bigas Dhhiaaeidhaa ||6||	He blossoms forth like the lotus flower in the water; he blossoms forth in joyful meditation. ||6||	ਜਿਵੇਂ ਪਾਣੀ ਵਿਚ ਕਉਲ ਫੁੱਲ ਖਿੜਦਾ ਹੈ (ਨਿਰਲੇਪ ਰਹਿੰਦਾ ਹੈ) ਤਿਵੇਂ ਪ੍ਰਭੂ ਆਪ ਹੀ ਉਸ ਮਨੁੱਖ ਦੇ ਅੰਦਰ ਖਿੜ ਕੇ (ਆਪਣੇ ਆਪ ਨੂੰ) ਸਿਮਰਦਾ ਹੈ ॥੬॥
44354	1036	ਆਪੇ ਵਰਖੈ ਅੰਮ੍ਰਿਤਧਾਰਾ॥		Aapae Varakhai Anmrith Dhhaaraa ||	He Himself rains down the Ambrosial Stream of jewels,	(ਜਿਸ ਮਨੁੱਖ ਨੂੰ ਗੁਰੂ ਮਿਲਾਂਦਾ ਹੈ ਉਸ ਦੇ ਅੰਦਰ ਪ੍ਰਭੂ) ਆਪ ਹੀ ਨਾਮ-ਅੰਮ੍ਰਿਤ ਦੀਆਂ ਧਾਰਾਂ ਦੀ ਵਰਖਾ ਕਰਦਾ ਹੈ,
44355	1036	ਰਤਨ ਜਵੇਹਰ ਲਾਲ ਅਪਾਰਾ॥		Rathan Javaehar Laal Apaaraa ||	Diamonds, and rubies of priceless value.	ਜਿਸ ਵਿਚ ਪ੍ਰਭੂ ਦੇ ਬੇਅੰਤ ਗੁਣ-ਰੂਪ ਰਤਨ ਜਵਾਹਰ ਤੇ ਲਾਲ ਹੁੰਦੇ ਹਨ।
44356	1036	ਸਤਿਗੁਰੁ ਮਿਲੈ ਤ ਪੂਰਾ ਪਾਈਐ ਪ੍ਰੇਮ ਪਦਾਰਥੁ ਪਾਇਦਾ॥੭॥		Sathigur Milai Th Pooraa Paaeeai Praem Padhaarathh Paaeidhaa ||7||	When they meet the True Guru, then they find the Perfect Lord; they obtain the treasure of Love. ||7||	ਗੁਰੂ ਮਿਲ ਪਏ ਤਾਂ ਪੂਰਾ ਪ੍ਰਭੂ ਮਿਲ ਪੈਂਦਾ ਹੈ। (ਜਿਸ ਮਨੁੱਖ ਨੂੰ ਗੁਰੂ ਦੀ ਰਾਹੀਂ ਪੂਰਨ ਪਰਮਾਤਮਾ ਮਿਲਦਾ ਹੈ ਉਹ) ਪ੍ਰਭੂ-ਪ੍ਰੇਮ ਦਾ ਅਮੋਲਕ ਵੱਖਰ ਪ੍ਰਾਪਤ ਕਰ ਲੈਂਦਾ ਹੈ ॥੭॥
44357	1036	ਪ੍ਰੇਮ ਪਦਾਰਥੁ ਲਹੈ ਅਮੋਲੋ॥		Praem Padhaarathh Lehai Amolo ||	Whoever receives the priceless treasure of Love	(ਗੁਰੂ ਦੀ ਸਰਨ ਪੈ ਕੇ) ਜੇਹੜਾ ਮਨੁੱਖ ਪ੍ਰਭੂ-ਪ੍ਰੇਮ ਦਾ ਕੀਮਤੀ ਸੌਦਾ ਹਾਸਲ ਕਰ ਲੈਂਦਾ ਹੈ,

44358	1036	ਕਬ ਹੀ ਨ ਘਾਟਸਿ ਪੂਰਾ ਤੋਲੋ॥		Kab Hee N Ghaattas Pooraa Tholo ||	- his weight never decreases; he has perfect weight.	ਉਸ ਦਾ ਇਹ ਸੌਦਾ ਘਟਦਾ ਨਹੀਂ, (ਜਦ ਕਦੇ ਭੀ ਤੋਲਿਆ ਜਾਏ ਉਸ ਦਾ) ਤੋਲ ਪੂਰਾ ਹੀ ਨਿਕਲੇਗਾ (ਭਾਵ, ਮਾਇਆ ਦੇ ਭਾਵੇਂ ਕਈ ਹੱਲੇ ਪਏ ਹੋਣ, ਉਸ ਦਾ ਪ੍ਰਭੂ-ਚਰਨਾਂ ਵਾਲਾ ਪ੍ਰੇਮ ਡੋਲਦਾ ਨਹੀਂ)।
44359	1036	ਸਚੇ ਕਾ ਵਾਪਾਰੀ ਹੋਵੈ ਸਚੋ ਸਉਦਾ ਪਾਇਦਾ॥੮॥		Sachae Kaa Vaapaaree Hovai Sacho Soudhaa Paaeidhaa ||8||	The trader of Truth becomes true, and obtains the merchandise. ||8||	ਜੇਹੜਾ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਦਾ ਵਪਾਰ ਕਰਨ ਲੱਗ ਪੈਂਦਾ ਹੈ, ਉਹ ਇਹ ਸਦਾ-ਥਿਰ ਨਾਮ ਦਾ ਸੌਦਾ ਹੀ ਲੱਦਦਾ ਹੈ ॥੮॥
44360	1036	ਸਚਾ ਸਉਦਾ ਵਿਰਲਾ ਕੋ ਪਾਏ॥		Sachaa Soudhaa Viralaa Ko Paaeae ||	How rare are those who obtain the true merchandise.	(ਪਰ ਜਗਤ ਵਿਚ) ਕੋਈ ਵਿਰਲਾ ਬੰਦਾ ਸਦਾ-ਥਿਰ ਰਹਿਣ ਵਾਲਾ ਇਹ ਸੌਦਾ ਪ੍ਰਾਪਤ ਕਰਦਾ ਹੈ।
44361	1036	ਪੂਰਾ ਸਤਿਗੁਰੁ ਮਿਲੈ ਮਿਲਾਏ॥		Pooraa Sathigur Milai Milaaeae ||	Meeting the Perfect True Guru, one meets with the Lord.	ਜਿਸ ਨੂੰ ਪੂਰਾ ਸਤਿਗੁਰੂ ਮਿਲ ਪੈਂਦਾ ਹੈ ਗੁਰੂ ਉਸ ਨੂੰ ਇਹ ਸੌਦਾ ਦਿਵਾ ਦੇਂਦਾ ਹੈ।
44362	1037	ਗੁਰਮੁਖਿ ਹੋਇ ਸੁ ਹੁਕਮੁ ਪਛਾਣੈ ਮਾਨੈ ਹੁਕਮੁ ਸਮਾਇਦਾ॥੯॥		Guramukh Hoe S Hukam Pashhaanai Maanai Hukam Samaaeidhaa ||9||	One who becomes Gurmukh realizes the Hukam of His command; surrendering to His Command, one merges in the Lord. ||9||	ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ ਪਰਮਾਤਮਾ ਦੀ ਰਜ਼ਾ ਨੂੰ ਸਮਝ ਲੈਂਦਾ ਹੈ ਤੇ ਜੇਹੜਾ ਰਜ਼ਾ ਨੂੰ (ਸਿਰ-ਮੱਥੇ ਤੇ) ਮੰਨਦਾ ਹੈ ਉਹ (ਰਜ਼ਾ ਦੇ ਮਾਲਕ ਵਿਚ ਹੀ) ਲੀਨ ਹੋ ਜਾਂਦਾ ਹੈ ॥੯॥

44363	1037	ਹੁਕਮੇ ਆਇਆ ਹੁਕਮਿ ਸਮਾਇਆ॥		Hukamae Aaeiaa Hukam Samaaeiaa ||	By His Command we come, and by His command we merge into Him again.	(ਰਜ਼ਾ ਨੂੰ ਮੰਨ ਲੈਣ ਵਾਲੇ ਬੰਦੇ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ) ਜੀਵ ਪਰਮਾਤਮਾ ਦੇ ਹੁਕਮ ਅਨੁਸਾਰ (ਜਗਤ ਵਿਚ) ਆਉਂਦਾ ਹੈ ਹੁਕਮ ਅਨੁਸਾਰ ਸਮਾ ਜਾਂਦਾ ਹੈ (ਜਗਤ ਤੋਂ ਚਲਾ ਜਾਂਦਾ ਹੈ)।
44364	1037	ਹੁਕਮੇ ਦੀਸੈ ਜਗਤੁ ਉਪਾਇਆ॥	ਜੱਗਤੁ	Hukamae Dheesai Jagath Oupaaeiaa ||	By His Command, the world was formed.	ਉਸ ਨੂੰ ਇਹ ਦਿੱਸਦਾ ਹੈ ਕਿ ਸਾਰਾ ਜਗਤ ਹੁਕਮ ਵਿਚ ਹੀ ਪੈਦਾ ਹੁੰਦਾ ਹੈ।
44365	1037	ਹੁਕਮੇ ਸੁਰਗੁ ਮਛੁ ਪਇਆਲਾ ਹੁਕਮੇ ਕਲਾ ਰਹਾਇਦਾ॥੧੦॥	ਪ-ਇਆਲਾ	Hukamae Surag Mashh Paeiaalaa Hukamae Kalaa Rehaaeidhaa ||10||	By His Command, the heavens, this world and the nether regions were created; by His Command, His Power supports them. ||10||	ਪ੍ਰਭੂ ਦੇ ਹੁਕਮ ਅਨੁਸਾਰ ਹੀ ਸੁਰਗ-ਲੋਕ ਮਾਤ-ਲੋਕ ਤੇ ਪਤਾਲ-ਲੋਕ ਬਣਦਾ ਹੈ, ਪ੍ਰਭੂ ਆਪਣੇ ਹੁਕਮ ਵਿਚ ਹੀ ਆਪਣੀ ਸੱਤਿਆ ਨਾਲ ਇਸ (ਜਗਤ) ਨੂੰ ਆਸਰਾ ਦੇਈ ਰੱਖਦਾ ਹੈ ॥੧੦॥
44366	1037	ਹੁਕਮੇ ਧਰਤੀ ਧਉਲ ਸਿਰਿ ਭਾਰੰ॥		Hukamae Dhharathee Dhhoul Sir Bhaaran ||	The Hukam of His Command is the mythical bull which supports the burden of the earth on its head.	ਪ੍ਰਭੂ ਦੇ ਹੁਕਮ ਵਿਚ ਹੀ ਧਰਤੀ ਬਣੀ ਜਿਸ ਦਾ ਡਰ ਬਲਦ ਦੇ ਸਿਰ ਉਤੇ (ਸਮਝਿਆ ਜਾਂਦਾ ਹੈ)।
44367	1037	ਹੁਕਮੇ ਪਉਣ ਪਾਣੀ ਗੈਣਾਰੰ॥		Hukamae Poun Paanee Gainaaran ||	By His Hukam, air, water and fire came into being.	ਹੁਕਮ ਵਿਚ ਹੀ ਹਵਾ ਪਾਣੀ (ਆਦਿਕ ਤੱਤ ਬਣੇ) ਤੇ ਆਕਾਸ਼ ਬਣਿਆ।

44368	1037	ਹੁਕਮੇ ਸਿਵ ਸਕਤੀ ਘਰਿ ਵਾਸਾ ਹੁਕਮੇ ਖੇਲ ਖੇਲਾਇਦਾ॥੧੧॥	ਖੇਲ ਖੇਲਾਇਦਾ	Hukamae Siv Sakathee Ghar Vaasaa Hukamae Khael Khaelaaeidhaa ||11||	By His Hukam, one dwells in the house of matter and energy - Shiva and Shakti. By His Hukam, He plays His plays. ||11||	ਪ੍ਰਭੂ ਦੇ ਹੁਕਮ ਅਨੁਸਾਰ ਹੀ ਜੀਵਾਤਮਾ ਦਾ ਮਾਇਆ ਦੇ ਘਰ ਵਿਚ ਵਾਸ ਹੋਇਆ। ਪ੍ਰਭੂ ਆਪਣੇ ਹੁਕਮ ਵਿਚ ਹੀ (ਜਗਤ ਦੇ ਸਾਰੇ) ਕੌਤਕ ਵਰਤਾ ਰਿਹਾ ਹੈ ॥੧੧॥
44369	1037	ਹੁਕਮੇ ਆਡਾਣੇ ਆਗਾਸੀ॥		Hukamae Aaddaanae Aagaasee ||	By the Hukam of His command, the sky is spread above.	ਪ੍ਰਭੂ ਦੇ ਹੁਕਮ ਵਿਚ ਹੀ ਆਕਾਸ਼ ਤਣੇ ਗਏ,
44370	1037	ਹੁਕਮੇ ਜਲ ਥਲ ਤ੍ਰਿਭਵਣ ਵਾਸੀ॥		Hukamae Jal Thhal Thribhavan Vaasee ||	By His Hukam, His creatures dwell in the water, on the land and throughout the three worlds.	ਹੁਕਮ ਵਿਚ ਹੀ ਪਾਣੀ ਧਰਤੀ ਤਿੰਨੇ ਭਵਨ ਬਣੇ ਜਿਨ੍ਹਾਂ ਵਿਚ ਉਹ ਆਪ ਹੀ ਵਿਆਪਕ ਹੈ।
44371	1037	ਹੁਕਮੇ ਸਾਸ ਗਿਰਾਸ ਸਦਾ ਫੁਨਿ ਹੁਕਮੇ ਦੇਖਿ ਦਿਖਾਇਦਾ॥੧੨॥		Hukamae Saas Giraas Sadhaa Fun Hukamae Dhaekh Dhikhaaeidhaa ||12||	By His Hukam, we draw our breath and receive our food; by His Hukam, He watches over us, and inspires us to see. ||12||	ਪ੍ਰਭੂ ਆਪਣੇ ਹੁਕਮ ਅਨੁਸਾਰ ਹੀ ਜੀਵਾਂ ਨੂੰ ਸਾਹ ਦੇਂਦਾ ਹੈ ਤੇ ਸਦਾ ਰਿਜ਼ਕ ਦੇਂਦਾ ਹੈ। ਪ੍ਰਭੂ ਆਪਣੀ ਰਜ਼ਾ ਵਿਚ ਹੀ ਜੀਵਾਂ ਦੀ ਸੰਭਾਲ ਕਰ ਕੇ ਸਭ ਨੂੰ ਵੇਖਣ ਦੀ ਤਾਕਤ ਦੇਂਦਾ ਹੈ ॥੧੨॥
44372	1037	ਹੁਕਮਿ ਉਪਾਏ ਦਸ ਅਉਤਾਰਾ॥		Hukam Oupaaeae Dhas Aouthaaraa ||	By His Hukam, He created His ten incarnations,	ਪ੍ਰਭੂ ਨੇ ਆਪਣੇ ਹੁਕਮ ਵਿਚ ਹੀ (ਵਿਸ਼ਨੂ ਦੇ) ਦਸ ਅਵਤਾਰ ਪੈਦਾ ਕੀਤੇ,
44373	1037	ਦੇਵ ਦਾਨਵ ਅਗਣਤ ਅਪਾਰਾ ॥	ਅ-ਗਣਤ	Dhaev Dhaanav Aganath Apaaraa ||	And the uncounted and infinite gods and devils.	ਅਣਗਿਣਤ ਤੇ ਬੇਅੰਤ ਦੇਵਤੇ ਬਣਾਏ ਤੇ ਦੈਂਤ ਬਣਾਏ।

44374	1037	ਮਾਨੈ ਹੁਕਮੁ ਸੁ ਦਰਗਹ ਪੈਝੈ ਸਾਚਿ ਮਿਲਾਇ ਸਮਾਇਦਾ॥੧੩॥		Maanai Hukam S Dharageh Paijhai Saach Milaae Samaaeidhaa ||13||	Whoever obeys the Hukam of His Command, is robed with honor in the Court of the Lord; united with the Truth, He merges in the Lord. ||13||	ਜੇਹੜਾ ਜੀਵ ਪ੍ਰਭੂ ਦੇ ਹੁਕਮ ਨੂੰ ਮੰਨ ਲੈਂਦਾ ਹੈ ਉਹ ਉਸ ਦੀ ਦਰਗਾਹ ਵਿਚ ਆਦਰ ਪਾਂਦਾ ਹੈ। ਪ੍ਰਭੂ ਉਸ ਨੂੰ ਆਪਣੇ ਸਦਾ-ਥਿਰ ਨਾਮ ਵਿਚ ਜੋੜ ਕੇ ਆਪਣੇ (ਚਰਨਾਂ) ਵਿਚ ਲੀਨ ਕਰ ਲੈਂਦਾ ਹੈ ॥੧੩॥
44375	1037	ਹੁਕਮੇ ਜੁਗ ਛਤੀਹ ਗੁਦਾਰੇ॥		Hukamae Jug Shhatheeh Gudhaarae ||	By the Hukam of His Command, the thirty-six ages passed.	ਪ੍ਰਭੂ ਨੇ ਆਪਣੇ ਹੁਕਮ ਅਨੁਸਾਰ ਹੀ ('ਧੁੰਧੂਕਾਰਾਂ' ਦੇ) ਛੱਤੀ ਜੁਗ ਗੁਜ਼ਾਰ ਦਿੱਤੇ,
44376	1037	ਹੁਕਮੇ ਸਿਧ ਸਾਧਿਕ ਵੀਚਾਰੇ॥		Hukamae Sidhh Saadhhik Veechaarae ||	By His Hukam, the Siddhas and seekers contemplate Him.	ਆਪਣੇ ਹੁਕਮ ਵਿਚ ਹੀ ਉਹ ਸਿੱਧ ਸਾਧਿਕ ਤੇ ਵਿਚਾਰਵਾਨ ਪੈਦਾ ਕਰ ਦੇਂਦਾ ਹੈ।
44377	1037	ਆਪਿ ਨਾਥੁ ਨਥੀ ਸਭ ਜਾ ਕੀ ਬਖਸੇ ਮੁਕਤਿ ਕਰਾਇਦਾ॥੧੪॥		Aap Naathh Nathhanaee Sabh Jaa Kee Bakhasae Mukath Karaaeidhaa ||14||	The Lord Himself has brought all under His control. Whoever He forgives, is liberated. ||14||	ਸਾਰੀ ਸ੍ਰਿਸ਼ਟੀ ਦਾ ਉਹ ਆਪ ਹੀ ਖਸਮ ਹੈ, ਸਾਰੀ ਸ੍ਰਿਸ਼ਟੀ ਉਸੇ ਦੇ ਹੁਕਮ ਵਿਚ ਬੱਝੀ ਹੋਈ ਹੈ। ਜਿਸ ਜੀਵ ਉਤੇ ਉਹ ਮੇਹਰ ਕਰਦਾ ਹੈ ਉਸ ਨੂੰ ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਦੇ ਦੇਂਦਾ ਹੈ ॥੧੪॥
44378	1037	ਕਾਇਆ ਕੋਟੁ ਗੜੈ ਮਹਿ ਰਾਜਾ॥	ਗੜੈ	Kaaeiaa Kott Garrai Mehi Raajaa ||	In the strong fortress of the body with its beautiful doors,	(ਪ੍ਰਭੂ ਦੇ ਹੁਕਮ ਵਿਚ ਹੀ) ਸਰੀਰ ਕਿਲ੍ਹਾ ਬਣਿਆ ਹੈ, ਇਸ ਕਿਲ੍ਹੇ ਵਿਚ ਆਪ ਹੀ ਰਾਜਾ ਹੈ।
44379	1037	ਨੇਬ ਖਵਾਸ ਭਲਾ ਦਰਵਾਜਾ॥	(ਨੇਬ) ਚੋਬਦਾਰ, (ਖਵਾਸ) ਚੌਰਦਾਰ	Naeb Khavaas Bhalaa Dharavaajaa ||	Is the king, with his special assistants and ministers.	ਇਸ ਨੂੰ (ਮੂੰਹ) ਸੋਹਣਾ ਦਰਵਾਜ਼ਾ ਲੱਗਾ ਹੋਇਆ ਹੈ। ਕਰਮ ਇੰਦ੍ਰੇ ਤੇ ਗਿਆਨ ਇੰਦ੍ਰੇ ਉਸ ਦੇ ਦਰਬਾਰੀ ਹਨ।

44380	1037	ਮਿਥਿਆ ਲੋਭੁ ਨਾਹੀ ਘਰਿ ਵਾਸਾ ਲਬਿ ਪਾਪਿ ਪਛੁਤਾਇਦਾ॥੧੫॥		Mithhiaa Lobh Naahee Ghar Vaasaa Lab Paap Pashhuthaaeidhaa ||15||	Those gripped by falsehood and greed do not dwell in the celestial home; engrossed in greed and sin, they come to regret and repent. ||15||	ਪਰ ਝੂਠਾ ਲੋਭ (ਚੌਕੀਦਾਰ ਹੋਣ ਕਰਕੇ) ਜੀਵ ਨੂੰ ਪ੍ਰਭੂ ਦੀ ਹਜ਼ੂਰੀ ਵਿਚ ਅੱਪੜਨਾ ਨਹੀਂ ਮਿਲਦਾ। ਲੋਭ ਦੇ ਕਾਰਨ ਪਾਪ ਦੇ ਕਾਰਨ ਜੀਵ ਪਛੁਤਾਂਦਾ ਰਹਿੰਦਾ ਹੈ ॥੧੫॥
44381	1037	ਸਤੁ ਸੰਤੋਖੁ ਨਗਰ ਮਹਿ ਕਾਰੀ॥	(ਕਾਰੀ) ਔਸ਼ਧੀ। ਨੱਗਰ	Sath Santhokh Nagar Mehi Kaaree ||	Truth and contentment govern this body-village.	ਜਿਸ ਸਰੀਰ-ਨਗਰ ਵਿਚ ਸੇਵਾ, ਸੰਤੋਖ, ਕਾਰਿੰਦੇ ਹਨ।
44382	1037	ਜਤੁ ਸਤੁ ਸੰਜਮੁ ਸਰਣਿ ਮੁਰਾਰੀ॥		Jath Sath Sanjam Saran Muraaree ||	Chastity, truth and self-control are in the Sanctuary of the Lord.	ਜਤ, ਉੱਚਾ ਆਚਰਨ ਤੇ ਸੰਜਮ ਸਹਿਤ (ਉਸ ਵਿਚ ਵੱਸਦਾ ਜੀਵ) ਪਰਮਾਤਮਾ ਦੀ ਸਰਨ ਵਿਚ ਟਿਕਿਆ ਰਹਿੰਦਾ ਹੈ।
44383	1037	ਨਾਨਕ ਸਹਜਿ ਮਿਲੈ ਜਗਜੀਵਨੁ ਗੁਰ ਸਬਦੀ ਪਤਿ ਪਾਇਦਾ॥੧੬॥੪॥੧੬॥	ਜੱਗਜੀਵਨੁ	Naanak Sehaj Milai Jagajeevan Gur Sabadhee Path Paaeidhaa ||16||4||16||	O Nanak, one intuitively meets the Lord, the Life of the World; the Word of the Guru's Shabad brings honor. ||16||4||16||	ਹੇ ਨਾਨਕ! ਅਡੋਲ ਆਤਮਕ ਅਵਸਥਾ ਵਿਚ ਟਿਕੇ ਉਸ ਜੀਵ ਨੂੰ ਜਗਤ ਦਾ ਜੀਵਨ ਪ੍ਰਭੂ ਮਿਲ ਪੈਂਦਾ ਹੈ। ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਪ੍ਰਭੂ ਦੀ ਹਜ਼ੂਰੀ ਵਿਚ ਇੱਜ਼ਤ ਪਾਂਦਾ ਹੈ ॥੧੬॥੪॥੧੬॥
44384	1037	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	

44385	1037	ਸੁੰਨ ਕਲਾ ਅਪਰੰਪਰਿ ਧਾਰੀ॥		Sunn Kalaa Aparanpar Dhhaaree ||	In the Primal Void, the Infinite Lord assumed His Power.	ਉਸ ਪਰਮਾਤਮਾ ਨੇ, ਜਿਸ ਤੋਂ ਪਰੇ ਹੋਰ ਕੁਝ ਭੀ ਨਹੀਂ ਤੇ ਜੋ ਨਿਰੋਲ ਆਪ ਹੀ ਆਪ ਹੈ, ਆਪਣੀ ਤਾਕਤ ਆਪ ਹੀ ਬਣਾਈ ਹੋਈ ਹੈ।
44386	1037	ਆਪਿ ਨਿਰਾਲਮੁ ਅਪਰ ਅਪਾਰੀ॥		Aap Niraalam Apar Apaaree ||	He Himself is unattached, infinite and incomparable.	ਉਹ ਅਪਰ ਤੇ ਅਪਾਰ ਪ੍ਰਭੂ ਆਪਣੇ ਸਹਾਰੇ ਆਪ ਹੀ ਹੈ (ਉਸ ਨੂੰ ਕਿਸੇ ਹੋਰ ਆਸਰੇ ਦੀ ਲੋੜ ਨਹੀਂ ਪੈਂਦੀ)।
44387	1037	ਆਪੇ ਕੁਦਰਤਿ ਕਰਿ ਕਰਿ ਦੇਖੈ ਸੁੰਨਹੁ ਸੁੰਨੁ ਉਪਾਇਦਾ॥੧॥		Aapae Kudharath Kar Kar Dhaekhai Sunnahu Sunn Oupaaeidhaa ||1||	He Himself exercised His Creative Power, and He gazes upon His creation; from the Primal Void, He formed the Void. ||1||	ਉਹ ਪਰਮਾਤਮਾ ਨਿਰੋਲ ਉਹ ਹਾਲਤ ਭੀ ਆਪ ਹੀ ਪੈਦਾ ਕਰਦਾ ਹੈ ਜਦੋਂ ਉਸ ਦੇ ਆਪਣੇ ਆਪੇ ਤੋਂ ਬਿਨਾ ਹੋਰ ਕੁਝ ਭੀ ਨਹੀਂ ਹੁੰਦਾ, ਤੇ ਆਪ ਹੀ ਆਪਣੀ ਕੁਦਰਤਿ ਰਚ ਕੇ ਵੇਖਦਾ ਹੈ ॥੧॥
44388	1037	ਪਉਣੁ ਪਾਣੀ ਸੁੰਨੈ ਤੇ ਸਾਜੇ॥		Poun Paanee Sunnai Thae Saajae ||	From this Primal Void, He fashioned air and water.	ਹਵਾ ਪਾਣੀ (ਆਦਿਕ ਤੱਤ) ਉਹ ਨਿਰੋਲ ਆਪਣੇ ਆਪੇ ਤੋਂ ਪੈਦਾ ਕਰਦਾ ਹੈ।
44389	1037	ਸ੍ਰਿਸਟਿ ਉਪਾਇ ਕਾਇਆ ਗੜ ਰਾਜੇ॥	ਗੜ੍ਹ। ਰਾਜੇ: ਪੋਲਾ ਬੋਲੋ	Srisatt Oupaae Kaaeiaa Garr Raajae ||	He created the universe, and the king in the fortress of the body.	ਸ੍ਰਿਸ਼ਟੀ ਪੈਦਾ ਕਰ ਕੇ (ਆਪਣੇ ਆਪੇ ਤੋਂ ਹੀ) ਸਰੀਰ ਤੇ ਸਰੀਰ-ਕਿਲ੍ਹਿਆਂ ਦੇ ਰਾਜੇ (ਜੀਵ) ਪੈਦਾ ਕਰਦਾ ਹੈ।

44390	1037	ਅਗਨਿ ਪਾਣੀ ਜੀਉ ਜੋਤਿ ਤੁਮਾਰੀ ਸੁੰਨੇ ਕਲਾ ਰਹਾਇਦਾ॥੨॥		Agan Paanee Jeeo Joth Thumaaree Sunnae Kalaa Rehaaeidhaa ||2||	Your Light pervades fire, water and souls; Your Power rests in the Primal Void. ||2||	ਹੇ ਪ੍ਰਭੂ! ਅੱਗ ਪਾਣੀ ਆਦਿਕ ਤੱਤਾਂ ਦੇ ਬਣੇ ਸਰੀਰ ਵਿਚ ਜੀਵਾਤਮਾ ਤੇਰੀ ਹੀ ਜੋਤਿ ਹੈ। ਤੂੰ ਨਿਰੋਲ ਆਪਣੇ ਆਪੇ ਵਿਚ ਆਪਣੀ ਸ਼ਕਤੀ ਟਿਕਾਈ ਰੱਖਦਾ ਹੈਂ ॥੨॥
44391	1037	ਸੁੰਨਹੁ ਬ੍ਰਹਮਾ ਬਿਸਨੁ ਮਹੇਸੁ ਉਪਾਏ॥		Sunnahu Brehamaa Bisan Mehaes Oupaaeae ||	From this Primal Void, Brahma, Vishnu and Shiva issued forth.	ਬ੍ਰਹਮਾ ਵਿਸ਼ਨੂ ਸ਼ਿਵ ਨਿਰੋਲ ਆਪਣੇ ਆਪੇ ਤੋਂ ਹੀ ਪਰਮਾਤਮਾ ਨੇ ਪੈਦਾ ਕੀਤੇ।
44392	1037	ਸੁੰਨੇ ਵਰਤੇ ਜੁਗ ਸਬਾਏ॥		Sunnae Varathae Jug Sabaaeae ||	This Primal Void is pervasive throughout all the ages.	ਸਾਰੇ ਅਨੇਕਾਂ ਜੁਗ ਨਿਰੋਲ ਉਸ ਦੇ ਆਪਣੇ ਆਪੇ ਵਿਚ ਹੀ ਬੀਤਦੇ ਗਏ।
44393	1037	ਇਸੁ ਪਦ ਵੀਚਾਰੇ ਸੋ ਜਨੁ ਪੂਰਾ ਤਿਸੁ ਮਿਲੀਐ ਭਰਮੁ ਚੁਕਾਇਦਾ॥੩॥		Eis Padh Veechaarae So Jan Pooraa This Mileeai Bharam Chukaaeidhaa ||3||	That humble being who contemplates this state is perfect; meeting with him, doubt is dispelled. ||3||	ਜੇਹੜਾ ਮਨੁੱਖ ਇਸ (ਹੈਰਾਨ ਕਰਨ ਵਾਲੀ) ਹਾਲਤ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਂਦਾ ਹੈ ਉਹ (ਹੋਰ ਹੋਰ ਆਸਰੇ ਭਾਲਣ ਦੀ) ਉਕਾਈ ਨਹੀਂ ਖਾਂਦਾ। ਅਜੇਹੇ ਪੂਰਨ ਮਨੁੱਖ ਦੀ ਸੰਗਤ ਕਰਨੀ ਚਾਹੀਦੀ ਹੈ ਉਹ ਹੋਰਨਾਂ ਦੀ ਭਟਕਣਾ ਭੀ ਦੂਰ ਕਰ ਦੇਂਦਾ ਹੈ ॥੩॥

44394	1037	ਸੁੰਨਹੁ ਸਪਤ ਸਰੋਵਰ ਥਾਪੇ॥		Sunnahu Sapath Sarovar Thhaapae ||	From this Primal Void, the seven seas were established.	ਪਰਮਾਤਮਾ ਨੇ (ਜੀਵਾਂ ਦੇ ਪੰਜ ਗਿਆਨ ਇੰਦ੍ਰੇ ਮਨ ਤੇ ਬੱਧ-ਇਹ) ਸੱਤ ਸਰੋਵਰ ਭੀ ਨਿਰੋਲ ਆਪਣੇ ਆਪੇ ਤੋਂ ਬਣਾਏ ਹਨ।
44395	1037	ਜਿਨਿ ਸਾਜੇ ਵੀਚਾਰੇ ਆਪੇ॥		Jin Saajae Veechaarae Aapae ||	The One who created them, Himself contemplates them.	ਜਿਸ ਪਰਮਾਤਮਾ ਨੇ ਜੀਵ ਪੈਦਾ ਕੀਤੇ ਹਨ ਉਹ ਆਪ ਹੀ ਉਹਨਾਂ ਨੂੰ ਆਪਣੇ ਸੋਚ-ਮੰਡਲ ਵਿਚ ਰੱਖਦਾ ਹੈ।
44396	1037	ਤਿਤੁ ਸਤ ਸਰਿ ਮਨੂਆ ਗੁਰਮੁਖਿ ਨਾਵੈ ਫਿਰਿ ਬਾਹੁੜਿ ਜੋਨਿ ਨ ਪਾਇਦਾ॥੪॥	ਨ੍ਹਾਵੈ	Thith Sath Sar Manooaa Guramukh Naavai Fir Baahurr Jon N Paaeidhaa ||4||	That human being who becomes Gurmukh, who bathes in the pool of Truth, is not cast into the womb of reincarnation again. ||4||	ਜਿਸ ਮਨੁੱਖ ਦਾ ਮਨ ਗੁਰੂ ਦੀ ਸਰਨ ਪੈ ਕੇ ਉਸ ਸ਼ਾਂਤੀ ਦੇ ਸਰ (ਪ੍ਰਭੂ) ਵਿਚ ਇਸ਼ਨਾਨ ਕਰਦਾ ਹੈ, ਉਹ ਮੁੜ ਜੂਨਾਂ ਦੇ ਗੇੜ ਵਿਚ ਨਹੀਂ ਪੈਂਦਾ ॥੪॥
44397	1037	ਸੁੰਨਹੁ ਚੰਦੁ ਸੂਰਜੁ ਗੈਣਾਰੇ॥		Sunnahu Chandh Sooraj Gainaarae ||	From this Primal Void, came the moon, the sun and the earth.	ਚੰਦ ਸੂਰਜ ਆਕਾਸ਼ ਭੀ ਪ੍ਰਭੂ ਦੇ ਨਿਰੋਲ ਆਪਣੇ ਹੀ ਆਪੇ ਤੋਂ ਬਣੇ।
44398	1037	ਤਿਸ ਕੀ ਜੋਤਿ ਤ੍ਰਿਭਵਣ ਸਾਰੇ॥		This Kee Joth Thribhavan Saarae ||	His Light pervades all the three worlds.	ਉਸ ਦੀ ਆਪਣੀ ਹੀ ਜੋਤਿ ਸਾਰੇ ਤਿੰਨਾਂ ਭਵਨਾਂ ਵਿਚ ਪਸਰ ਰਹੀ ਹੈ।

44399	1037	ਸੁੰਨੇ ਅਲਖ ਅਪਾਰ ਨਿਰਾਲਮੁ ਸੁੰਨੇ ਤਾੜੀ ਲਾਇਦਾ॥੫॥		Sunnae Alakh Apaar Niraalam Sunnae Thaarree Laaeidhaa ||5||	The Lord of this Primal Void is unseen, infinite and immaculate; He is absorbed in the Primal Trance of Deep Meditation. ||5||	ਉਹ ਅਦ੍ਰਿਸ਼ਟ ਤੇ ਬੇਅੰਤ ਪਰਮਾਤਮਾ ਨਿਰੋਲ ਆਪਣੇ ਆਪੇ ਵਿਚ ਕਿਸੇ ਹੋਰ ਆਸਰੇ ਤੋਂ ਬੇ-ਮੁਥਾਜ ਰਹਿੰਦਾ ਹੈ, ਤੇ ਆਪਣੇ ਹੀ ਆਪੇ ਵਿਚ ਮਸਤ ਰਹਿੰਦਾ ਹੈ ॥੫॥
44400	1037	ਸੁੰਨਹੁ ਧਰਤਿ ਅਕਾਸੁ ਉਪਾਏ॥		Sunnahu Dhharath Akaas Oupaaeae ||	From this Primal Void, the earth and the Akaashic Ethers were created.	ਪਰਮਾਤਮਾ ਨੇ ਧਰਤੀ ਆਕਾਸ਼ ਨਿਰੋਲ ਆਪਣੇ ਆਪੇ ਤੋਂ ਹੀ ਪੈਦਾ ਕੀਤੇ।
44401	1037	ਬਿਨੁ ਥੰਮਾ ਰਾਖੇ ਸਚੁ ਕਲ ਪਾਏ॥	ਥੰਮ੍ਹਾਕਲ: ਪੋਲਾ ਬੋਲੋ	Bin Thhanmaa Raakhae Sach Kal Paaeae ||	He supports them without any visible support, by exercising His True Power.	ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ ਆਪਣੀ ਤਾਕਤ ਦੇ ਸਹਾਰੇ ਹੀ ਬਿਨਾ ਕਿਸੇ ਹੋਰ ਥੰਮ੍ਹਾਂ ਦੇ ਟਿਕਾਈ ਰੱਖਦਾ ਹੈ।
44402	1037	ਤ੍ਰਿਭਵਣ ਸਾਜਿ ਮੇਖੁਲੀ ਮਾਇਆ ਆਪਿ ਉਪਾਇ ਖਪਾਇਦਾ॥੬॥		Thribhavan Saaj Maekhulee Maaeiaa Aap Oupaae Khapaaeidhaa ||6||	He fashioned the three worlds, and the rope of Maya; He Himself creates and destroys. ||6||	ਤਿੰਨੇ ਭਵਨ ਪੈਦਾ ਕਰ ਕੇ ਪਰਮਾਤਮਾ ਆਪ ਹੀ ਇਹਨਾਂ ਨੂੰ ਮਾਇਆ ਦੀ ਤੜਾਗੀ (ਵਿਚ ਬੰਨ੍ਹੀ ਰੱਖਦਾ ਹੈ)। ਆਪ ਹੀ ਪੈਦਾ ਕਰਦਾ ਹੈ ਆਪ ਹੀ ਨਾਸ ਕਰਦਾ ਹੈ ॥੬॥
44403	1037	ਸੁੰਨਹੁ ਖਾਣੀ ਸੁੰਨਹੁ ਬਾਣੀ॥		Sunnahu Khaanee Sunnahu Baanee ||	From this Primal Void, came the four sources of creation, and the power of speech.	ਪ੍ਰਭੂ ਨਿਰੋਲ ਆਪਣੇ ਆਪੇ ਤੋਂ ਹੀ ਜੀਵ-ਉਤਪੱਤੀ ਦੀਆਂ ਚਾਰ ਖਾਣੀਆਂ ਬਣਾਂਦਾ ਹੈ ਤੇ ਜੀਵਾਂ ਦੀਆਂ ਬਾਣੀਆਂ ਰਚਦਾ ਹੈ।

44404	1037	ਸੁੰਨਹੁ ਉਪਜੀ ਸੁੰਨਿ ਸਮਾਣੀ॥		Sunnahu Oupajee Sunn Samaanee ||	They were created from the Void, and they will merge into the Void.	ਉਸ ਦੇ ਨਿਰੋਲ ਆਪਣੇ ਆਪੇ ਤੋਂ ਹੀ ਸ੍ਰਿਸ਼ਟੀ ਪੈਦਾ ਹੁੰਦੀ ਹੈ ਤੇ ਉਸ ਦੇ ਆਪੇ ਵਿਚ ਹੀ ਸਮਾ ਜਾਂਦੀ ਹੈ।
44405	1037	ਉਤਭੁਜੁ ਚਲਤੁ ਕੀਆ ਸਿਰਿ ਕਰਤੈ ਬਿਸਮਾਦੁ ਸਬਦਿ ਦੇਖਾਇਦਾ॥੭॥		Outhabhuj Chalath Keeaa Sir Karathai Bisamaadh Sabadh Dhaekhaaeidhaa ||7||	The Supreme Creator created the play of Nature; through the Word of His Shabad, He stages His Wondrous Show. ||7||	ਸਭ ਤੋਂ ਪਹਿਲਾਂ ਕਰਤਾਰ ਨੇ ਜਗਤ-ਰਚਨਾ ਦਾ ਕੁਝ ਅਜੇਹਾ ਕੌਤਕ ਹੀ ਰਚਿਆ ਜਿਵੇਂ ਧਰਤੀ ਵਿਚ ਬਨਸਪਤੀ ਆਪਣੇ ਆਪ ਉੱਗ ਪੈਂਦੀ ਹੈ। ਆਪਣੇ ਹੁਕਮ ਨਾਲ ਹੀ ਇਹ ਹੈਰਾਨ ਕਰਨ ਵਾਲਾ ਤਮਾਸ਼ਾ ਵਿਖਾ ਦੇਂਦਾ ਹੈ ॥੭॥
44406	1037	ਸੁੰਨਹੁ ਰਾਤਿ ਦਿਨਸੁ ਦੁਇ ਕੀਏ॥		Sunnahu Raath Dhinas Dhue Keeeae ||	From this Primal Void, He made both night and day;	ਨਿਰੋਲ ਆਪਣੇ ਆਪੇ ਤੋਂ ਹੀ ਪਰਮਾਤਮਾ ਨੇ ਦੋਵੇਂ ਦਿਨ ਤੇ ਰਾਤ ਬਣਾ ਦਿੱਤੇ।
44407	1037	ਓਪਤਿ ਖਪਤਿ ਸੁਖਾ ਦੁਖ ਦੀਏ॥	ਸੁਖਾਂ	Oupath Khapath Sukhaa Dhukh Dheeeae ||	Creation and destruction, pleasure and pain.	ਆਪ ਹੀ ਜੀਵਾਂ ਨੂੰ ਜਨਮ ਤੇ ਮਰਨ, ਸੁਖ ਤੇ ਦੁਖ ਦੇਂਦਾ ਹੈ।
44408	1037	ਸੁਖ ਦੁਖ ਹੀ ਤੇ ਅਮਰੁ ਅਤੀਤਾ ਗੁਰਮੁਖਿ ਨਿਜ ਘਰੁ ਪਾਇਦਾ॥੮॥		Sukh Dhukh Hee Thae Amar Atheethaa Guramukh Nij Ghar Paaeidhaa ||8||	The Gurmukh is immortal, untouched by pleasure and pain. He obtains the home of his own inner being. ||8||	ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਸੁਖਾਂ ਦੁਖਾਂ ਤੋਂ ਨਿਰਲੇਪ ਹੋ ਜਾਂਦਾ ਹੈ ਉਹ ਅਟੱਲ ਆਤਮਕ ਜੀਵਨ ਵਾਲਾ ਬਣ ਜਾਂਦਾ ਹੈ, ਉਹ ਉਸ ਘਰ ਨੂੰ ਲੱਭ ਲੈਂਦਾ ਹੈ ਜੇਹੜਾ ਸਦਾ ਉਸ ਦਾ ਆਪਣਾ ਬਣਿਆ ਰਹਿੰਦਾ ਹੈ (ਭਾਵ, ਉਹ ਸਦਾ ਲਈ ਪ੍ਰਭੂ-ਚਰਨਾਂ ਵਿਚ ਜੁੜ ਜਾਂਦਾ ਹੈ) ॥੮॥

44409	1038	ਸਾਮ ਵੇਦੁ ਰਿਗੁ ਜੁਜਰੁ ਅਥਰਬਣੁ॥	ਸ਼ੁੱਧ ਪਾਠ ਹੈ ਰਿਗੁ: ਪੋਲਾ ਬੋਲੋ। ਅ-ਥਰਬਣੁ	Saam Vaedh Rig Jujar Athharaban ||	The Saam Veda, the Rig Veda, the Jujar Veda and the At'harva Veda	ਸਾਮ ਰਿਗ ਜਜੁਰ ਅਥਰਬਣ- ਇਹ ਚਾਰੇ ਵੇਦ ਪ੍ਰਭੂ ਦੇ ਨਿਰੋਲ ਆਪਣੇ ਆਪੇ ਤੋਂ ਹੀ ਪ੍ਰਗਟੇ।
44410	1038	ਬ੍ਰਹਮੇ ਮੁਖਿ ਮਾਇਆ ਹੈ ਤ੍ਰੈ ਗੁਣ॥		Brehamae Mukh Maaeiaa Hai Thrai Gun ||	Form the mouth of Brahma; they speak of the three gunas, the three qualities of Maya.	ਬ੍ਰਹਮਾ ਦੀ ਰਾਹੀਂ (ਵੇਦ ਬਣੇ), ਮਾਇਆ ਦੇ ਤਿੰਨੇ ਗੁਣ ਭੀ ਉਸ ਦੇ ਆਪੇ ਤੋਂ ਹੀ ਪੈਦਾ ਹੋਏ।
44411	1038	ਤਾ ਕੀ ਕੀਮਤਿ ਕਹਿ ਨ ਸਕੈ ਕੋ ਤਿਉ ਬੋਲੇ ਜਿਉ ਬੋਲਾਇਦਾ॥੯॥		Thaa Kee Keemath Kehi N Sakai Ko Thio Bolae Jio Bolaaeidhaa ||9||	None of them can describe His worth. We speak as He inspires us to speak. ||9||	ਕੋਈ ਜੀਵ ਉਸ ਪਰਮਾਤਮਾ ਦਾ ਮੁੱਲ ਨਹੀਂ ਪਾ ਸਕਦਾ। ਜੀਵ ਉਸੇ ਤਰ੍ਹਾਂ ਹੀ ਬੋਲ ਸਕਦਾ ਹੈ ਜਿਵੇਂ ਪ੍ਰਭੂ ਆਪ ਪ੍ਰੇਰਨਾ ਕਰਦਾ ਹੈ ॥੯॥
44412	1038	ਸੁੰਨਹੁ ਸਪਤ ਪਾਤਾਲ ਉਪਾਏ॥		Sunnahu Sapath Paathaal Oupaaeae ||	From the Primal Void, He created the seven nether regions.	ਪ੍ਰਭੂ ਨੇ ਨਿਰੋਲ ਆਪਣੇ ਆਪੇ ਤੋਂ ਹੀ ਸੱਤ ਪਾਤਾਲ (ਤੇ ਸੱਤ ਆਕਾਸ਼) ਪੈਦਾ ਕੀਤੇ,
44413	1038	ਸੁੰਨਹੁ ਭਵਣ ਰਖੇ ਲਿਵ ਲਾਏ॥		Sunnahu Bhavan Rakhae Liv Laaeae ||	From the Primal Void, He established this world to lovingly dwell upon Him.	ਨਿਰੋਲ ਆਪਣੇ ਆਪੇ ਤੋਂ ਹੀ ਤਿੰਨੇ ਭਵਨ ਬਣਾ ਕੇ ਪੂਰੇ ਧਿਆਨ ਨਾਲ ਉਹਨਾਂ ਦੀ ਸੰਭਾਲ ਕਰਦਾ ਹੈ।
44414	1038	ਆਪੇ ਕਾਰਣੁ ਕੀਆ ਅਪਰੰਪਰਿ ਸਭੁ ਤੇਰੋ ਕੀਆ ਕਮਾਇਦਾ॥੧੦॥		Aapae Kaaran Keeaa Aparanpar Sabh Thaero Keeaa Kamaaeidhaa ||10||	The Infinite Lord Himself created the creation. Everyone acts as You make them act, Lord. ||10||	ਉਸ ਪਰਮਾਤਮਾ ਨੇ ਜਿਸ ਤੋਂ ਪਰੇ ਹੋਰ ਕੁਝ ਭੀ ਨਹੀਂ ਹੈ ਆਪ ਹੀ ਜਗਤ-ਰਚਨਾ ਦਾ ਮੁੱਢ ਬਣਾਇਆ। ਹੇ ਪ੍ਰਭੂ! ਹਰੇਕ ਜੀਵ ਤੇਰਾ ਹੀ ਪ੍ਰੇਰਿਆ ਹੋਇਆ ਕਰਮ ਕਰਦਾ ਹੈ ॥੧੦॥

44415	1038	ਰਜ ਤਮ ਸਤ ਕਲ ਤੇਰੀ ਛਾਇਆ॥		Raj Tham Sath Kal Thaeree Shhaaeiaa ||	Your Power is diffused through the three gunas: raajas, taamas and satva.	(ਮਾਇਆ ਦੇ ਤਿੰਨ ਗੁਣ) ਰਜੋ ਤਮੋ ਤੇ ਸਤੋ (ਹੇ ਪ੍ਰਭੂ!) ਤੇਰੀ ਹੀ ਤਾਕਤ ਦੇ ਆਸਰੇ ਬਣੇ।
44416	1038	ਜਨਮ ਮਰਣ ਹਉਮੈ ਦੁਖੁ ਪਾਇਆ॥		Janam Maran Houmai Dhukh Paaeiaa ||	Through egotism, they suffer the pains of birth and death.	ਜੀਵਾਂ ਵਾਸਤੇ ਜੰਮਣਾ ਤੇ ਮਰਨਾ ਤੂੰ ਆਪ ਹੀ ਪੈਦਾ ਕੀਤਾ, ਹਉਮੈ ਦਾ ਦੁੱਖ ਭੀ ਤੂੰ ਆਪ ਹੀ (ਜੀਵਾਂ ਦੇ ਅੰਦਰ) ਪਾ ਦਿੱਤਾ ਹੈ।
44417	1038	ਜਿਸ ਨੋ ਕ੍ਰਿਪਾ ਕਰੇ ਹਰਿ ਗੁਰਮੁਖਿ ਗੁਣਿ ਚਉਥੈ ਮੁਕਤਿ ਕਰਾਇਦਾ॥੧੧॥		Jis No Kirapaa Karae Har Guramukh Gun Chouthhai Mukath Karaaeidhaa ||11||	Those blessed by His Grace become Gurmukh; they attain the fourth state, and are liberated. ||11||	ਪਰਮਾਤਮਾ ਜਿਸ ਜੀਵ ਉਤੇ ਮੇਹਰ ਕਰਦਾ ਹੈ ਉਸ ਨੂੰ ਗੁਰੂ ਦੀ ਸਰਨ ਪਾ ਕੇ (ਤਿੰਨਾਂ ਗੁਣਾਂ ਤੋਂ ਉਤਾਂਹ) ਚੌਥੀ ਅਵਸਥਾ ਵਿਚ ਅਪੜਾਂਦਾ ਹੈ ਤੇ (ਮਾਇਆ ਦੇ ਮੋਹ ਤੋਂ) ਮੁਕਤੀ ਦੇਂਦਾ ਹੈ ॥੧੧॥
44418	1038	ਸੁੰਨਹੁ ਉਪਜੇ ਦਸ ਅਵਤਾਰਾ॥		Sunnahu Oupajae Dhas Avathaaraa ||	From the Primal Void, the ten incarnations welled up.	ਪ੍ਰਭੂ ਦੇ ਨਿਰੋਲ ਆਪਣੇ ਆਪੇ ਤੋਂ ਹੀ (ਵਿਸ਼ਨੂ ਦੇ) ਦਸ ਅਵਤਾਰ ਪੈਦਾ ਹੋਏ।
44419	1038	ਸ੍ਰਿਸਟਿ ਉਪਾਇ ਕੀਆ ਪਾਸਾਰਾ॥		Srisatt Oupaae Keeaa Paasaaraa ||	Creating the Universe, He made the expanse.	(ਨਿਰੋਲ ਆਪਣੇ ਆਪੇ ਤੋਂ ਹੀ ਪਰਮਾਤਮਾ ਨੇ) ਸ੍ਰਿਸ਼ਟੀ ਪੈਦਾ ਕਰ ਕੇ ਇਹ ਜਗਤ-ਖਿਲਾਰਾ ਖਿਲਾਰਿਆ।

44420	1038	ਦੇਵ ਦਾਨਵ ਗਣ ਗੰਧਰਬ ਸਾਜੇ ਸਭਿ ਲਿਖਿਆ ਕਰਮ ਕਮਾਇਦਾ॥੧੨॥	ਗੰ-ਧਰਬ	Dhaev Dhaanav Gan Gandhharab Saajae Sabh Likhiaa Karam Kamaaeidhaa ||12||	He fashioned the demi-gods and demons, the heavenly heralds and celestial musicians; everyone acts according to their past karma. ||12||	ਦੇਵਤੇ, ਦੈਂਤ, ਸ਼ਿਵ ਜੀ ਦੇ ਗਣ, (ਦੇਵਤਿਆਂ ਦੇ ਰਾਗੀ) ਗੰਧਰਬ- ਇਹ ਸਾਰੇ ਹੀ ਪਰਮਾਤਮਾ ਨੇ ਨਿਰੋਲ ਆਪਣੇ ਆਪੇ ਤੋਂ ਪੈਦਾ ਕੀਤੇ। ਸਭ ਜੀਵ ਧੁਰੋਂ ਪ੍ਰਭੂ ਦੇ ਹੁਕਮ ਵਿਚ ਹੀ ਆਪਣੇ ਕੀਤੇ ਕਰਮਾਂ ਦੇ ਲਿਖੇ ਸੰਸਕਾਰਾਂ ਅਨੁਸਾਰ ਕਰਮ ਕਮਾ ਰਹੇ ਹਨ ॥੧੨॥
44421	1038	ਗੁਰਮੁਖਿ ਸਮਝੈ ਰੋਗੁ ਨ ਹੋਈ॥		Guramukh Samajhai Rog N Hoee ||	The Gurmukh understands, and does not suffer the disease.	ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਪਰਮਾਤਮਾ ਦੀ ਇਸ ਬੇਅੰਤ ਕਲਾ ਨੂੰ) ਸਮਝਦਾ ਹੈ (ਉਹ ਉਸ ਦੀ ਯਾਦ ਤੋਂ ਨਹੀਂ ਖੁੰਝਦਾ, ਤੇ) ਉਸ ਨੂੰ ਕੋਈ ਰੋਗ (ਵਿਕਾਰ) ਪੋਹ ਨਹੀਂ ਸਕਦਾ।
44422	1038	ਇਹ ਗੁਰ ਕੀ ਪਉੜੀ ਜਾਣੈ ਜਨੁ ਕੋਈ॥		Eih Gur Kee Pourree Jaanai Jan Koee ||	How rare are those who understand this ladder of the Guru.	ਪਰ ਕੋਈ ਵਿਰਲਾ ਬੰਦਾ ਗੁਰੂ ਦੀ ਦੱਸੀ ਹੋਈ ਇਸ (ਸਿਮਰਨ ਦੀ) ਪੌੜੀ (ਦਾ ਭੇਤ) ਸਮਝਦਾ ਹੈ।
44423	1038	ਜੁਗਹ ਜੁਗੰਤਰਿ ਮੁਕਤਿ ਪਰਾਇਣ ਸੋ ਮੁਕਤਿ ਭਇਆ ਪਤਿ ਪਾਇਦਾ॥੧੩॥		Jugeh Juganthar Mukath Paraaein So Mukath Bhaeiaa Path Paaeidhaa ||13||	Throughout the ages, they are dedicated to liberation, and so they become liberated; thus they are honored. ||13||	ਜੁਗਾਂ ਜੁਗਾਂ ਤੋਂ ਹੀ (ਗੁਰੂ ਦੀ ਇਹ ਪੌੜੀ ਜੀਵਾਂ ਦੀ) ਮੁਕਤੀ ਦਾ ਵਸੀਲਾ ਬਣੀ ਆ ਰਹੀ ਹੈ। (ਜੇਹੜਾ ਮਨੁੱਖ ਸਿਮਰਨ ਦੀ ਇਸ ਪੌੜੀ ਦਾ ਆਸਰਾ ਲੈਂਦਾ ਹੈ) ਉਹ ਵਿਕਾਰਾਂ ਤੋਂ ਖ਼ਲਾਸੀ ਹਾਸਲ ਕਰ ਲੈਂਦਾ ਹੈ ਤੇ ਪ੍ਰਭੂ ਦੀ ਦਰਗਾਹ ਵਿਚ ਇੱਜ਼ਤ ਪਾਂਦਾ ਹੈ ॥੧੩॥

44424	1038	ਪੰਚ ਤਤੁ ਸੁੰਨਹੁ ਪਰਗਾਸਾ॥		Panch Thath Sunnahu Paragaasaa ||	From the Primal Void, the five elements became manifest.	ਪੰਜਾਂ ਤੱਤਾਂ ਤੋਂ ਬਣਿਆ ਇਹ ਮਾਨੁਖੀ ਸਰੀਰ ਨਿਰੋਲ ਪ੍ਰਭੂ ਦੇ ਆਪਣੇ ਆਪੇ ਤੋਂ ਹੀ ਪਰਗਟ ਹੋਇਆ।
44425	1038	ਦੇਹ ਸੰਜੋਗੀ ਕਰਮ ਅਭਿਆਸਾ॥		Dhaeh Sanjogee Karam Abhiaasaa ||	They joined to form the body, which engages in actions.	ਇਸ ਸਰੀਰ ਦੇ ਸੰਜੋਗ ਕਰਕੇ ਜੀਵ ਕਰਮਾਂ ਵਿਚ ਰੁੱਝ ਪੈਂਦਾ ਹੈ।
44426	1038	ਬੁਰਾ ਭਲਾ ਦੁਇ ਮਸਤਕਿ ਲੀਖੇ ਪਾਪੁ ਪੁੰਨੁ ਬੀਜਾਇਦਾ॥੧੪॥		Buraa Bhalaa Dhue Masathak Leekhae Paap Punn Beejaaeidhaa ||14||	Both bad and good are written on the forehead, the seeds of vice and virtue. ||14||	ਪ੍ਰਭੂ ਦੇ ਹੁਕਮ ਅਨੁਸਾਰ ਹੀ ਜੀਵ ਦੇ ਕੀਤੇ ਚੰਗੇ ਤੇ ਮੰਦੇ ਕਰਮਾਂ ਦੇ ਸੰਸਕਾਰ ਉਸ ਦੇ ਮੱਥੇ ਤੇ ਲਿਖੇ ਜਾਂਦੇ ਹਨ, ਇਸ ਤਰ੍ਹਾਂ ਜੀਵ ਪਾਪ ਤੇ ਪੁੰਨ (ਦੇ ਬੀਜ) ਬੀਜਦਾ ਹੈ (ਤੇ ਉਹਨਾਂ ਦਾ ਫਲ ਭੋਗਦਾ ਹੈ) ॥੧੪॥
44427	1038	ਊਤਮ ਸਤਿਗੁਰ ਪੁਰਖ ਨਿਰਾਲੇ॥		Ootham Sathigur Purakh Niraalae ||	The True Guru, the Primal Being, is sublime and detached.	ਮਾਇਆ ਦੇ ਪ੍ਰਭਾਵ ਤੋਂ ਨਿਰਲੇਪ ਸਤਿਗੁਰੂ ਦੇ (ਸਨਮੁਖ ਰਹਿਣ ਵਾਲੇ) ਮਨੁੱਖ ਉੱਚੇ ਜੀਵਨ ਵਾਲੇ ਬਣ ਜਾਂਦੇ ਹਨ।
44428	1038	ਸਬਦਿ ਰਤੇ ਹਰਿ ਰਸਿ ਮਤਵਾਲੇ॥	ਮੱਤਵਾਲੇ	Sabadh Rathae Har Ras Mathavaalae ||	Attuned to the Word of the Shabad, He is intoxicated with the sublime essence of the Lord.	ਸਤਿਗੁਰੂ ਪੁਰਖ ਦੇ ਸ਼ਬਦ ਵਿਚ ਰੱਤੇ ਹੋਏ ਪ੍ਰਭੂ ਦੇ ਨਾਮ-ਰਸ ਵਿਚ ਮਸਤ ਰਹਿੰਦੇ ਹਨ।

44429	1038	ਰਿਧਿ ਬੁਧਿ ਸਿਧਿ ਗਿਆਨੁ ਗੁਰੂ ਤੇ ਪਾਈਐ ਪੂਰੈ ਭਾਗਿ ਮਿਲਾਇਦਾ॥੧੫॥		Ridhh Budhh Sidhh Giaan Guroo Thae Paaeeai Poorai Bhaag Milaaeidhaa ||15||	Riches, intellect, miraculous spiritual powers and spiritual wisdom are obtained from the Guru; through perfect destiny, they are received. ||15||	ਆਤਮਕ ਤਾਕਤਾਂ ਉੱਚੀ ਅਕਲ ਤੇ ਪਰਮਾਤਮਾ ਨਾਲ ਡੂੰਘੀ ਸਾਂਝ (ਦੀ ਦਾਤਿ) ਗੁਰੂ ਤੋਂ ਹੀ ਮਿਲਦੀ ਹੈ। ਚੰਗੇ ਭਾਗਾਂ ਨਾਲ ਗੁਰੂ (ਸਰਨ ਆਏ ਜੀਵ ਨੂੰ ਪ੍ਰਭੂ-ਚਰਨਾਂ ਵਿਚ) ਜੋੜ ਦੇਂਦਾ ਹੈ ॥੧੫॥
44430	1038	ਇਸੁ ਮਨ ਮਾਇਆ ਕਉ ਨੇਹੁ ਘਨੇਰਾ॥		Eis Man Maaeiaa Ko Naehu Ghanaeraa ||	This mind is so in love with Maya.	ਹੇ ਗਿਆਨਵਾਨ ਪੁਰਸ਼ੋ! ਇਸ ਮਨ ਨੂੰ ਮਾਇਆ ਦਾ ਬਹੁਤ ਮੋਹ ਚੰਬੜਿਆ ਰਹਿੰਦਾ ਹੈ;
44431	1038	ਕੋਈ ਬੂਝਹੁ ਗਿਆਨੀ ਕਰਹੁ ਨਿਬੇਰਾ॥		Koee Boojhahu Giaanee Karahu Nibaeraa ||	Only a few are spiritually wise enough to understand and know this.	(ਇਸ ਦੇ ਰਾਜ਼ ਨੂੰ) ਸਮਝੋ ਤੇ ਇਸ ਮੋਹ ਨੂੰ ਖ਼ਤਮ ਕਰੋ।
44432	1038	ਆਸਾ ਮਨਸਾ ਹਉਮੈ ਸਹਸਾ ਨਰੁ ਲੋਭੀ ਕੂੜੁ ਕਮਾਇਦਾ॥੧੬॥		Aasaa Manasaa Houmai Sehasaa Nar Lobhee Koorr Kamaaeidhaa ||16||	In hope and desire, egotism and skepticism, the greedy man acts falsely. ||16||	ਜੇਹੜਾ ਮਨੁੱਖ ਲੋਭ ਦੇ ਪ੍ਰਭਾਵ ਹੇਠ ਨਿੱਤ ਮਾਇਆ ਦੇ ਮੋਹ ਦਾ ਧੰਧਾ ਹੀ ਕਰਦਾ ਰਹਿੰਦਾ ਹੈ ਉਸ ਨੂੰ (ਦੁਨੀਆ ਦੀਆਂ) ਆਸਾਂ ਕਾਮਨਾਂ ਹਉਮੈ ਸਹਮ (ਆਦਿਕ) ਚੰਬੜੇ ਰਹਿੰਦੇ ਹਨ ॥੧੬॥
44433	1038	ਸਤਿਗੁਰ ਤੇ ਪਾਏ ਵੀਚਾਰਾ॥		Sathigur Thae Paaeae Veechaaraa ||	From the True Guru, contemplative meditation is obtained.	ਜੇਹੜਾ ਮਨੁੱਖ ਗੁਰੂ ਪਾਸੋਂ ਪਰਮਾਤਮਾ ਦੇ ਗੁਣਾਂ ਦੀ ਵਿਚਾਰ (ਦੀ ਦਾਤਿ) ਪ੍ਰਾਪਤ ਕਰ ਲੈਂਦਾ ਹੈ,

44434	1038	ਸੁੰਨ ਸਮਾਧਿ ਸਚੇ ਘਰ ਬਾਰਾ॥		Sunn Samaadhh Sachae Ghar Baaraa ||	And then, one dwells with the True Lord in His celestial home, the Primal State of Absorption in Deepest Samaadhi.	ਉਹ ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਹਜ਼ੂਰੀ ਵਿਚ ਟਿਕਿਆ ਰਹਿੰਦਾ ਹੈ, ਉਸ ਦੇ ਚਰਨਾਂ ਵਿਚ ਸੁਰਤ ਜੋੜੀ ਰੱਖਦਾ ਹੈ।
44435	1038	ਨਾਨਕ ਨਿਰਮਲ ਨਾਦੁ ਸਬਦ ਧੁਨਿ ਸਚੁ ਰਾਮੈ ਨਾਮਿ ਸਮਾਇਦਾ॥੧੭॥੫॥੧੭॥		Naanak Niramal Naadh Sabadh Dhhun Sach Raamai Naam Samaaeidhaa ||17||5||17||	O Nanak, the immaculate sound current of the Naad, and the Music of the Shabad resound; one merges into the True Name of the Lord. ||17||5||17||	ਹੇ ਨਾਨਕ! ਉਸ ਮਨੁੱਖ ਦੇ ਅੰਦਰ ਸਦਾ-ਥਿਰ ਪ੍ਰਭੂ ਵੱਸਿਆ ਰਹਿੰਦਾ ਹੈ ਸਿਫ਼ਤ-ਸਾਲਾਹ ਦੀ ਰੌ ਬਣੀ ਰਹਿੰਦੀ ਹੈ ਜੀਵਨ ਨੂੰ ਪਵਿੱਤ੍ਰ ਕਰਨ ਵਾਲਾ ਰਾਗ (ਜਿਹਾ) ਹੁੰਦਾ ਰਹਿੰਦਾ ਹੈ। ਉਹ ਮਨੁੱਖ ਸਦਾ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ ॥੧੭॥੫॥੧੭॥
44436	1038	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
44437	1038	ਜਹ ਦੇਖਾ ਤਹ ਦੀਨ ਦਇਆਲਾ॥	ਦ-ਇਆਲਾ	Jeh Dhaekhaa Theh Dheen Dhaeiaalaa ||	Wherever I look, I see the Lord, merciful to the meek.	ਮੈਂ ਜਿਧਰ ਵੇਖਦਾ ਹਾਂ ਉਧਰ ਹੀ ਮੈਨੂੰ ਦੀਨਾਂ ਉਤੇ ਦਇਆ ਕਰਨ ਵਾਲਾ ਪਰਮਾਤਮਾ ਦਿੱਸਦਾ ਹੈ।
44438	1038	ਆਇ ਨ ਜਾਈ ਪ੍ਰਭੁ ਕਿਰਪਾਲਾ॥		Aae N Jaaee Prabh Kirapaalaa ||	God is compassionate; He does not come or go in reincarnation.	ਉਹ ਕਿਰਪਾ ਦਾ ਸੋਮਾ ਪ੍ਰਭੂ ਨਾਹ ਜੰਮਦਾ ਹੈ ਨਾਹ ਮਰਦਾ ਹੈ।

44439	1038	ਜੀਆ ਅੰਦਰਿ ਜੁਗਤਿ ਸਮਾਈ ਰਹਿਓ ਨਿਰਾਲਮੁ ਰਾਇਆ॥੧॥		Jeeaa Andhar Jugath Samaaee Rehiou Niraalam Raaeiaa ||1||	He pervades all beings in His mysterious way; the Sovereign Lord remains detached. ||1||	ਸਭ ਜੀਵਾਂ ਦੇ ਅੰਦਰ (ਉਸੇ ਦੀ ਸਿਖਾਈ ਹੋਈ) ਜੀਵਨ-ਜਾਚ ਗੁਪਤ ਵਰਤ ਰਹੀ ਹੈ (ਭਾਵ, ਹਰੇਕ ਜੀਵ ਉਸੇ ਪਰਮਾਤਮਾ ਦੇ ਆਸਰੇ ਜਿਊ ਰਿਹਾ ਹੈ, ਪਰ) ਉਹ ਪਾਤਿਸ਼ਾਹ ਆਪ ਹੋਰ ਆਸਰਿਆਂ ਤੋਂ ਬੇ-ਮੁਥਾਜ ਰਹਿੰਦਾ ਹੈ ॥੧॥
44440	1038	ਜਗੁ ਤਿਸ ਕੀ ਛਾਇਆ ਜਿਸੁ ਬਾਪੁ ਨ ਮਾਇਆ॥		Jag This Kee Shhaaeiaa Jis Baap N Maaeiaa ||	The world is a reflection of Him; He has no father or mother.	(ਅਸਲ ਸਦਾ ਟਿਕੀ ਰਹਿਣ ਵਾਲੀ ਹਸਤੀ ਤਾਂ ਪਰਮਾਤਮਾ ਆਪ ਹੈ) ਜਗਤ ਉਸ ਪਰਮਾਤਮਾ ਦਾ ਪਰਛਾਵਾਂ ਹੈ (ਜਦੋਂ ਚਾਹੇ ਆਪਣੇ ਇਸ ਪਰਛਾਵੇਂ ਨੂੰ ਆਪਣੇ ਆਪ ਵਿਚ ਹੀ ਗੁੰਮ ਕਰ ਲੈਂਦਾ ਹੈ)। ਉਹ ਪਰਮਾਤਮਾ ਦਾ ਨਾਹ ਕੋਈ ਪਿਉ ਨਾਹ ਮਾਂ,
44441	1038	ਨਾ ਤਿਸੁ ਭੈਣ ਨ ਭਰਾਉ ਕਮਾਇਆ॥		Naa This Bhain N Bharaao Kamaaeiaa ||	He has not acquired any sister or brother.	ਨਾਹ ਕੋਈ ਭੈਣ ਨਾਹ ਭਾਈ ਤੇ ਨਾਹ ਕੋਈ ਸੇਵਕ।

44442	1038	ਨਾ ਤਿਸੁ ਓਪਤਿ ਖਪਤਿ ਕੁਲ ਜਾਤੀ ਓਹੁ ਅਜਰਾਵਰੁ ਮਨਿ ਭਾਇਆ॥੨॥	ਕੁਲ: ਪੋਲਾ ਬੋਲੋ। (ਅਜਰਾ-ਵਰ) ਬੁਢੇਪੇ ਰਹਿਤ, ਸ੍ਰੇਸ਼ਟ ਪ੍ਰਮੇਸ਼ਰ।	Naa This Oupath Khapath Kul Jaathee Ouhu Ajaraavar Man Bhaaeiaa ||2||	There is no creation or destruction for Him; He has no ancestry or social status. The Ageless Lord is pleasing to my mind. ||2||	ਨਾਹ ਉਸ ਨੂੰ ਜਨਮ ਤੇ ਨਾਹ ਮੌਤ, ਨਾਹ ਉਸ ਦੀ ਕੋਈ ਕੁਲ ਤੇ ਨਾਹ ਜਾਤਿ। ਉਸ ਨੂੰ ਬੁਢੇਪਾ ਨਹੀਂ ਵਿਆਪ ਸਕਦਾ, ਉਹ ਮਹਾਨ ਸ੍ਰੇਸ਼ਟ ਹਸਤੀ ਹੈ (ਜਗਤ ਦੇ ਸਭ ਜੀਵਾਂ ਦੇ) ਮਨ ਵਿਚ ਉਹੀ ਪਿਆਰਾ ਲੱਗਦਾ ਹੈ ॥੨॥
44443	1038	ਤੂ ਅਕਾਲ ਪੁਰਖੁ ਨਾਹੀ ਸਿਰਿ ਕਾਲਾ॥	ਕਾਲਾ: ਪੋਲਾ ਬੋਲੋ	Thoo Akaal Purakh Naahee Sir Kaalaa ||	You are the Deathless Primal Being. Death does not hover over Your head.	ਹੇ ਪ੍ਰਭੂ! ਤੂੰ ਸਭ ਜੀਵਾਂ ਵਿਚ ਵਿਆਪਕ ਹੋ ਕੇ ਭੀ ਮੌਤ-ਰਹਿਤ ਹੈਂ, ਤੇਰੇ ਸਿਰ ਉਤੇ ਮੌਤ ਸਵਾਰ ਨਹੀਂ ਹੋ ਸਕਦੀ।
44444	1038	ਤੂ ਪੁਰਖੁ ਅਲੇਖ ਅਗੰਮ ਨਿਰਾਲਾ॥		Thoo Purakh Alaekh Aganm Niraalaa ||	You are the unseen inaccessible and detached Primal Lord.	ਤੂੰ ਸਰਬ-ਵਿਆਪਕ ਹੈਂ, ਅਲੇਖ ਹੈਂ, ਅਪਹੁੰਚ ਅਤੇ (ਮਾਇਆ ਦੇ ਪ੍ਰਭਾਵ ਤੋਂ) ਨਿਰਲੇਪ ਹੈਂ।
44445	1038	ਸਤ ਸੰਤੋਖਿ ਸਬਦਿ ਅਤਿ ਸੀਤਲੁ ਸਹਜ ਭਾਇ ਲਿਵ ਲਾਇਆ॥੩॥		Sath Santhokh Sabadh Ath Seethal Sehaj Bhaae Liv Laaeiaa ||3||	You are true and content; the Word of Your Shabad is cool and soothing. Through it, we are lovingly, intuitively attuned to You. ||3||	ਜਿਸ ਮਨੁੱਖ ਨੇ ਸੇਵਾ ਸੰਤੋਖ (ਵਾਲੇ ਜੀਵਨ) ਵਿਚ (ਰਹਿ ਕੇ) ਗੁਰੂ ਦੇ ਸ਼ਬਦ (ਜੁੜ ਕੇ) ਪੂਰਨ ਅਡੋਲ ਆਤਮਕ ਅਵਸਥਾ ਵਿਚ (ਟਿਕ ਕੇ) ਤੇਰੇ ਚਰਨਾਂ ਵਿਚ ਸੁਰਤ ਜੋੜੀ ਹੈ ਉਸ ਦਾ ਹਿਰਦਾ ਠੰਡਾ-ਠਾਰ ਹੋ ਜਾਂਦਾ ਹੈ ॥੩॥

44446	1038	ਤ੍ਰੈ ਵਰਤਾਇ ਚਉਥੈ ਘਰਿ ਵਾਸਾ॥		Thrai Varathaae Chouthhai Ghar Vaasaa ||	The three qualities are pervasive; the Lord dwells in His home, the fourth state.	ਮਾਇਆ ਦੇ ਤਿੰਨ ਗੁਣਾਂ ਦਾ ਪਸਾਰਾ ਪਸਾਰ ਕੇ ਪਰਮਾਤਮਾ ਆਪ (ਇਹਨਾਂ ਤੋਂ ਉਤਾਂਹ) ਚੌਥੇ ਘਰ ਵਿਚ ਟਿਕਿਆ ਰਹਿੰਦਾ ਹੈ (ਜਿਥੇ ਤਿੰਨ ਗੁਣਾਂ ਦੀ ਪਹੁੰਚ ਨਹੀਂ ਹੋ ਸਕਦੀ)।
44447	1038	ਕਾਲ ਬਿਕਾਲ ਕੀਏ ਇਕ ਗ੍ਰਾਸਾ॥		Kaal Bikaal Keeeae Eik Graasaa ||	He has made death and birth into a bite of food.	ਜਨਮ ਤੇ ਮਰਨ ਉਸ ਨੇ ਇਕ ਗਿਰਾਹੀ ਕਰ ਲਏ ਹੋਏ ਹਨ (ਉਸ ਨੂੰ ਨਾਹ ਜਨਮ ਹੈ ਨਾਹ ਮੌਤ)।
44448	1038	ਨਿਰਮਲ ਜੋਤਿ ਸਰਬ ਜਗਜੀਵਨੁ ਗੁਰਿ ਅਨਹਦ ਸਬਦਿ ਦਿਖਾਇਆ॥੪॥		Niramal Joth Sarab Jagajeevan Gur Anehadh Sabadh Dhikhaaeiaa ||4||	The immaculate Light is the Life of the whole world. The Guru reveals the unstruck melody of the Shabad. ||4||	ਸਾਰੇ ਜੀਵਾਂ ਵਿਚ ਪਰਮਾਤਮਾ ਦੀ ਪਵਿੱਤ੍ਰ ਜੋਤਿ (ਚਾਨਣ ਕਰ ਰਹੀ ਹੈ), ਉਹ ਜਗਤ ਦੀ ਜ਼ਿੰਦਗੀ ਦਾ ਸਹਾਰਾ ਹੈ। ਜਿਸ ਮਨੁੱਖ ਨੂੰ ਗੁਰੂ ਨੇ ਇਕ-ਰਸ ਆਪਣੇ ਸ਼ਬਦ ਵਿਚ ਜੋੜਿਆ ਹੈ ਉਸ ਨੂੰ ਉਸ (ਜਗਜੀਵਨ) ਦਾ ਦੀਦਾਰ ਕਰਾ ਦਿੱਤਾ ਹੈ ॥੪॥
44449	1038	ਊਤਮ ਜਨ ਸੰਤ ਭਲੇ ਹਰਿ ਪਿਆਰੇ॥		Ootham Jan Santh Bhalae Har Piaarae ||	Sublime and good are those humble Saints, the Beloveds of the Lord.	ਜੇਹੜੇ ਬੰਦੇ ਪਰਮਾਤਮਾ ਦੇ ਪਿਆਰੇ ਹਨ ਉਹ ਸ੍ਰੇਸ਼ਟ ਜੀਵਨ ਵਾਲੇ ਹਨ ਉਹ ਸੰਤ ਹਨ ਉਹ ਭਲੇ ਹਨ,

44450	1038	ਹਰਿ ਰਸ ਮਾਤੇ ਪਾਰਿ ਉਤਾਰੇ॥	ਮਾੱਤੇ	Har Ras Maathae Paar Outhaarae ||	They are intoxicated with the sublime essence of the Lord, and are carried across to the other side.	ਉਹ ਪਰਮਾਤਮਾ ਦੇ ਨਾਮ-ਰਸ ਵਿਚ ਮਸਤ ਰਹਿੰਦੇ ਹਨ, ਪਰਮਾਤਮਾ ਉਹਨਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ।
44451	1038	ਨਾਨਕ ਰੇਣ ਸੰਤ ਜਨ ਸੰਗਤਿ ਹਰਿ ਗੁਰ ਪਰਸਾਦੀ ਪਾਇਆ॥੫॥		Naanak Raen Santh Jan Sangath Har Gur Parasaadhee Paaeiaa ||5||	Nanak is the dust of the Society of the Saints; by Guru's Grace, he finds the Lord. ||5||	ਹੇ ਨਾਨਕ! ਉਹਨਾਂ ਸੰਤ ਜਨਾਂ ਦੀ ਸੰਗਤ ਕਰ ਉਹਨਾਂ ਦੇ ਚਰਨਾਂ ਦੀ ਧੂੜ ਲੈ, ਉਹਨਾਂ ਨੇ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਨੂੰ ਲੱਭ ਲਿਆ ਹੈ ॥੫॥
44452	1038	ਤੂ ਅੰਤਰਜਾਮੀ ਜੀਅ ਸਭਿ ਤੇਰੇ॥		Thoo Antharajaamee Jeea Sabh Thaerae ||	You are the Inner-knower, the Searcher of hearts. All beings belong to You.	ਹੇ ਪ੍ਰਭੂ! ਸਾਰੇ ਜੀਵ ਤੇਰੇ (ਹੀ ਪੈਦਾ ਕੀਤੇ ਹੋਏ) ਹਨ, ਤੂੰ ਸਭ ਦੇ ਦਿਲ ਦੀ ਜਾਣਨ ਵਾਲਾ ਹੈਂ।
44453	1039	ਤੂ ਦਾਤਾ ਹਮ ਸੇਵਕ ਤੇਰੇ॥		Thoo Dhaathaa Ham Saevak Thaerae ||	You are the Great Giver; I am Your slave.	ਹੇ ਪ੍ਰਭੂ! ਅਸੀਂ ਜੀਵ ਤੇਰੇ ਦਰ ਦੇ ਸੇਵਕ ਹਾਂ, ਤੂੰ ਸਾਨੂੰ ਸਭਨਾਂ ਨੂੰ ਦਾਤਾਂ ਦੇਣ ਵਾਲਾ ਹੈਂ।
44454	1039	ਅੰਮ੍ਰਿਤ ਨਾਮੁ ਕ੍ਰਿਪਾ ਕਰਿ ਦੀਜੈ ਗੁਰਿ ਗਿਆਨ ਰਤਨੁ ਦੀਪਾਇਆ॥੬॥		Anmrith Naam Kirapaa Kar Dheejai Gur Giaan Rathan Dheepaaeiaa ||6||	Please be merciful and bless me with Your Ambrosial Naam, and the jewel, the lamp of the Guru's spiritual wisdom. ||6||	ਕਿਰਪਾ ਕਰ ਕੇ ਸਾਨੂੰ ਆਤਮਕ ਜੀਵਨ ਦੇਣ ਵਾਲਾ ਆਪਣਾ ਨਾਮ ਦੇਹ। (ਜਿਸ ਉਤੇ ਤੂੰ ਕਿਰਪਾ ਕਰਦਾ ਹੈਂ) ਗੁਰੂ ਨੇ ਉਸ ਦੇ ਅੰਦਰ ਤੇਰੇ ਗਿਆਨ ਦਾ ਰਤਨ ਰੌਸ਼ਨ ਕਰ ਦਿੱਤਾ ਹੈ ॥੬॥

44455	1039	ਪੰਚ ਤਤੁ ਮਿਲਿ ਇਹੁ ਤਨੁ ਕੀਆ॥		Panch Thath Mil Eihu Than Keeaa ||	From the union of the five elements, this body was made.	(ਸਰਬ-ਵਿਆਪਕ ਪਰਮਾਤਮਾ ਦੀ ਰਜ਼ਾ ਵਿਚ) ਪੰਜਾਂ ਤੱਤਾਂ ਨੇ ਮਿਲ ਕੇ ਇਹ (ਮਨੁੱਖਾ) ਸਰੀਰ ਬਣਾਇਆ,
44456	1039	ਆਤਮ ਰਾਮ ਪਾਏ ਸੁਖੁ ਥੀਆ॥		Aatham Raam Paaeae Sukh Thheeaa ||	Finding the Lord, the Supreme Soul, peace is established.	ਜਿਸ ਮਨੁੱਖ ਨੇ ਉਸ ਸਰਬ-ਵਿਆਪਕ ਪ੍ਰਭੂ ਨੂੰ ਲੱਭ ਲਿਆ ਉਸ ਦੇ ਅੰਦਰ ਆਤਮਕ ਆਨੰਦ ਬਣ ਗਿਆ।
44457	1039	ਕਰਮ ਕਰਤੂਤਿ ਅੰਮ੍ਰਿਤ ਫਲੁ ਲਾਗਾ ਹਰਿ ਨਾਮ ਰਤਨੁ ਮਨਿ ਪਾਇਆ॥੭॥		Karam Karathooth Anmrith Fal Laagaa Har Naam Rathan Man Paaeiaa ||7||	The good karma of past actions brings fruitful rewards, and man is blessed with the jewel of the Lord's Name. ||7||	(ਪਰਮਾਤਮਾ ਨਾਲ ਸੰਬੰਧ ਬਣਾਣ ਵਾਲੇ ਉਸ ਦੇ) ਕੰਮਾਂ ਨੂੰ ਉਸ ਦੇ ਉੱਦਮ ਨੂੰ ਉਹ ਨਾਮ-ਫਲ ਲੱਗਾ ਜਿਸ ਨੇ ਉਸ ਨੂੰ ਆਤਮਕ ਜੀਵਨ ਬਖ਼ਸ਼ਿਆ, ਉਸ ਨੇ ਆਪਣੇ ਮਨ ਵਿਚ ਹੀ ਪਰਮਾਤਮਾ ਦਾ ਨਾਮ-ਰਤਨ ਲੱਭ ਲਿਆ ॥੭॥
44458	1039	ਨਾ ਤਿਸੁ ਭੂਖ ਪਿਆਸ ਮਨੁ ਮਾਨਿਆ॥		Naa This Bhookh Piaas Man Maaniaa ||	His mind does not feel any hunger or thirst.	ਜਿਸ ਮਨੁੱਖ ਦਾ ਮਨ (ਪਰਮਾਤਮਾ ਦੀ ਯਾਦ ਵਿਚ) ਗਿੱਝ ਜਾਂਦਾ ਹੈ ਉਸ ਨੂੰ ਮਾਇਆ ਦੀ ਭੁੱਖ-ਤ੍ਰੇਹ ਨਹੀਂ ਰਹਿੰਦੀ,
44459	1039	ਸਰਬ ਨਿਰੰਜਨੁ ਘਟਿ ਘਟਿ ਜਾਨਿਆ॥		Sarab Niranjan Ghatt Ghatt Jaaniaa ||	He knows the Immaculate Lord to be everywhere, in each and every heart.	ਉਹ ਨਿਰੰਜਨ ਨੂੰ ਸਭ ਥਾਂ ਹਰੇਕ ਘਟ ਵਿਚ ਪਛਾਣ ਲੈਂਦਾ ਹੈ।

44460	1039	ਅੰਮ੍ਰਿਤ ਰਸਿ ਰਾਤਾ ਕੇਵਲ ਬੈਰਾਗੀ ਗੁਰਮਤਿ ਭਾਇ ਸੁਭਾਇਆ॥੮॥		Anmrith Ras Raathaa Kaeval Bairaagee Guramath Bhaae Subhaaeiaa ||8||	Imbued with the Lord's Ambrosial essence, he becomes a pure, detached renunciate; he is lovingly absorbed in the Guru's Teachings. ||8||	ਉਹ ਆਤਮਕ ਜੀਵਨ ਦੇਣ ਵਾਲੇ ਸਿਰਫ਼ ਨਾਮ-ਰਸ ਵਿਚ ਹੀ ਮਸਤ ਰਹਿੰਦਾ ਹੈ, ਦੁਨੀਆ ਦੇ ਰਸਾਂ ਤੋਂ ਉਪਰਾਮ ਰਹਿੰਦਾ ਹੈ। ਗੁਰੂ ਦੀ ਮੱਤ ਦੀ ਰਾਹੀਂ ਪਰਮਾਤਮਾ ਦੇ ਪ੍ਰੇਮ ਵਿਚ ਜੁੜ ਕੇ ਉਸ ਦਾ ਆਤਮਕ ਜੀਵਨ ਸੋਹਣਾ ਲੱਗਣ ਲੱਗ ਪੈਂਦਾ ਹੈ ॥੮॥
44461	1039	ਅਧਿਆਤਮ ਕਰਮ ਕਰੇ ਦਿਨੁ ਰਾਤੀ॥		Adhhiaatham Karam Karae Dhin Raathee ||	Whoever does the deeds of the soul, day and night,	ਉਹ ਮਨੁੱਖ ਦਿਨ ਰਾਤ ਉਹੀ ਕਰਮ ਕਰਦਾ ਹੈ ਜੋ ਉਸ ਦੀ ਜਿੰਦ ਨੂੰ ਪਰਮਾਤਮਾ ਨਾਲ ਜੋੜੀ ਰੱਖਦੇ ਹਨ,
44462	1039	ਨਿਰਮਲ ਜੋਤਿ ਨਿਰੰਤਰਿ ਜਾਤੀ॥		Niramal Joth Niranthar Jaathee ||	Sees the immaculate Divine Light deep within.	ਉਹ ਪਰਮਾਤਮਾ ਦੀ ਪਵਿਤ੍ਰ ਜੋਤਿ ਨੂੰ ਹਰ ਥਾਂ ਇਕ-ਰਸ ਵਿਆਪਕ ਪਛਾਣ ਲੈਂਦਾ ਹੈ।
44463	1039	ਸਬਦੁ ਰਸਾਲੁ ਰਸਨ ਰਸਿ ਰਸਨਾ ਬੇਣੁ ਰਸਾਲੁ ਵਜਾਇਆ॥੯॥		Sabadh Rasaal Rasan Ras Rasanaa Baen Rasaal Vajaaeiaa ||9||	Enraptured with the delightful essence of the Shabad, the source of nectar, my tongue plays the sweet music of the flute. ||9||	ਸਭ ਰਸਾਂ ਦੇ ਸੋਮੇ ਗੁਰ-ਸ਼ਬਦ ਨੂੰ (ਉਹ ਆਪਣੇ ਹਿਰਦੇ ਵਿਚ ਵਸਾਂਦਾ ਹੈ)। ਉਸ ਦੀ ਜੀਭ ਮਹਾਨ ਸ੍ਰੇਸ਼ਟ ਨਾਮ-ਰਸ ਵਿਚ (ਰਸੀ ਰਹਿੰਦੀ ਹੈ। ਉਹ (ਆਪਣੇ ਅੰਦਰ ਆਤਮਕ ਆਨੰਦ ਦੀ, ਮਾਨੋ,) ਇਕ ਰਸੀਲੀ ਬੰਸਰੀ ਵਜਾਂਦਾ ਹੈ ॥੯॥
44464	1039	ਬੇਣੁ ਰਸਾਲ ਵਜਾਵੈ ਸੋਈ॥		Baen Rasaal Vajaavai Soee ||	He alone plays the sweet music of this flute,	ਪਰ ਇਹ ਰਸੀਲੀ ਬੰਸਰੀ ਉਹੀ ਮਨੁੱਖ ਵਜਾ ਸਕਦਾ ਹੈ,

44465	1039	ਜਾ ਕੀ ਤ੍ਰਿਭਵਣ ਸੋਝੀ ਹੋਈ॥		Jaa Kee Thribhavan Sojhee Hoee ||	Who knows the three worlds.	ਜਿਸ ਨੂੰ ਤਿੰਨਾਂ ਭਵਨਾਂ ਵਿਚ ਵਿਆਪਕ ਪਰਮਾਤਮਾ ਦੀ ਸੂਝ ਪੈ ਜਾਂਦੀ ਹੈ।
44466	1039	ਨਾਨਕ ਬੂਝਹੁ ਇਹ ਬਿਧਿ ਗੁਰਮਤਿ ਹਰਿ ਰਾਮ ਨਾਮਿ ਲਿਵ ਲਾਇਆ॥੧੦॥	ਬਿਧਿ: ਪੋਲਾ ਬੋਲੋ	Naanak Boojhahu Eih Bidhh Guramath Har Raam Naam Liv Laaeiaa ||10||	O Nanak, know this, through the Guru's Teachings, and lovingly focus yourself on the Lord's Name. ||10||	ਹੇ ਨਾਨਕ! ਤੂੰ ਭੀ ਗੁਰੂ ਦੀ ਮੱਤ ਲੈ ਕੇ ਇਹ ਜਾਚ ਸਿੱਖ ਲੈ। ਜਿਸ ਕਿਸੇ ਨੇ ਗੁਰੂ ਦੀ ਮੱਤ ਲਈ ਹੈ ਉਸ ਦੀ ਸੁਰਤ ਪਰਮਾਤਮਾ ਦੇ ਨਾਮ ਵਿਚ ਜੁੜੀ ਰਹਿੰਦੀ ਹੈ ॥੧੦॥
44467	1039	ਐਸੇ ਜਨ ਵਿਰਲੇ ਸੰਸਾਰੇ॥		Aisae Jan Viralae Sansaarae ||	Rare are those beings in this world,	ਜਗਤ ਵਿਚ ਅਜੇਹੇ ਬੰਦੇ ਬਹੁਤ ਥੋੜੇ ਹਨ,
44468	1039	ਗੁਰ ਸਬਦੁ ਵੀਚਾਰਹਿ ਰਹਹਿ ਨਿਰਾਰੇ॥	ਰਹ–ਹਿ	Gur Sabadh Veechaarehi Rehehi Niraarae ||	Who contemplate the Word of the Guru's Shabad, and remain detached.	ਜੋ ਗੁਰੂ ਦੇ ਸ਼ਬਦ ਨੂੰ ਆਪਣੀ ਸੁਰਤ ਵਿਚ ਟਿਕਾਂਦੇ ਹਨ ਤੇ (ਦੁਨੀਆ ਵਿਚ ਵਿਚਰਦੇ ਹੋਏ ਭੀ ਮਾਇਆ ਦੇ ਮੋਹ ਤੋਂ) ਨਿਰਲੇਪ ਰਹਿੰਦੇ ਹਨ।
44469	1039	ਆਪਿ ਤਰਹਿ ਸੰਗਤਿ ਕੁਲ ਤਾਰਹਿ ਤਿਨ ਸਫਲ ਜਨਮੁ ਜਗਿ ਆਇਆ॥੧੧॥		Aap Tharehi Sangath Kul Thaarehi Thin Safal Janam Jag Aaeiaa ||11||	They save themselves, and save all their associates and ancestors; fruitful is their birth and coming into this world. ||11||	ਉਹ ਸੰਸਾਰ-ਸਮੁੰਦਰ ਤੋਂ ਆਪ ਪਾਰ ਲੰਘ ਜਾਂਦੇ ਹਨ, ਆਪਣੀਆਂ ਕੁਲਾਂ ਨੂੰ ਤੇ ਉਹਨਾਂ ਨੂੰ ਭੀ ਪਾਰ ਲੰਘਾ ਲੈਂਦੇ ਹਨ ਜੋ ਉਹਨਾਂ ਦੀ ਸੰਗਤ ਕਰਦੇ ਹਨ। ਜਗਤ ਵਿਚ ਅਜੇਹੇ ਬੰਦਿਆਂ ਦਾ ਆਉਣਾ ਲਾਹੇਵੰਦਾ ਹੈ ॥੧੧॥

44470	1039	ਘਰੁ ਦਰੁ ਮੰਦਰੁ ਜਾਣੈ ਸੋਈ॥		Ghar Dhar Mandhar Jaanai Soee ||	He alone knows the home of his own heart, and the door to the temple,	ਉਹੀ ਬੰਦਾ ਪਰਮਾਤਮਾ ਦਾ ਘਰ ਪਰਮਾਤਮਾ ਦਾ ਦਰ ਪਰਮਾਤਮਾ ਦਾ ਮਹਲ ਪਛਾਣ ਲੈਂਦਾ ਹੈ,
44471	1039	ਜਿਸੁ ਪੂਰੇ ਗੁਰ ਤੇ ਸੋਝੀ ਹੋਈ॥		Jis Poorae Gur Thae Sojhee Hoee ||	Who obtains perfect understanding from the Guru.	ਜਿਸ ਨੂੰ ਪੂਰੇ ਗੁਰੂ ਤੋਂ (ਉੱਚੀ) ਸਮਝ ਮਿਲਦੀ ਹੈ।
44472	1039	ਕਾਇਆ ਗੜ ਮਹਲ ਮਹਲੀ ਪ੍ਰਭੁ ਸਾਚਾ ਸਚੁ ਸਾਚਾ ਤਖਤੁ ਰਚਾਇਆ॥੧੨॥	ਗੜ੍ਹ। (ਮਹਲੀ) ਮਹਿਲਾਂ ਦੇ ਮਾਲਕ	Kaaeiaa Garr Mehal Mehalee Prabh Saachaa Sach Saachaa Thakhath Rachaaeiaa ||12||	In the body-fortress is the palace; God is the True Master of this Palace. The True Lord established His True Throne there. ||12||	ਉਸ ਨੂੰ ਸਮਝ ਆ ਜਾਂਦੀ ਹੈ ਕਿ ਇਹ ਸਰੀਰ ਪਰਮਾਤਮਾ ਦੇ ਕਿਲ੍ਹੇ ਹਨ ਮਹਲ ਹਨ। ਉਹ ਮਹਲਾਂ ਦਾ ਮਾਲਕ ਪ੍ਰਭੂ ਸਦਾ ਹੀ ਥਿਰ ਰਹਿਣ ਵਾਲਾ ਹੈ (ਮਨੁੱਖਾ ਸਰੀਰ) ਉਸ ਨੇ ਆਪਣੇ ਬੈਠਣ ਲਈ ਤਖ਼ਤ ਬਣਾਇਆ ਹੋਇਆ ਹੈ ॥੧੨॥
44473	1039	ਚਤੁਰ ਦਸ ਹਾਟ ਦੀਵੇ ਦੁਇ ਸਾਖੀ॥		Chathur Dhas Haatt Dheevae Dhue Saakhee ||	The fourteen realms and the two lamps are the witnesses.	ਚੌਦਾਂ ਤਬਕ ਤੇ ਸੂਰਜ ਚੰਦ ਇਸ ਗੱਲ ਦੇ ਗਵਾਹ ਹਨ,
44474	1039	ਸੇਵਕ ਪੰਚ ਨਾਹੀ ਬਿਖੁ ਚਾਖੀ॥		Saevak Panch Naahee Bikh Chaakhee ||	The Lord's servants, the self-elect, do not taste the poison of corruption.	(ਕਿ ਜਿਨ੍ਹਾਂ ਨੂੰ ਇਹ ਨਾਮ-ਧਨ ਮਿਲ ਪੈਂਦਾ ਹੈ ਉਹ ਪ੍ਰਭੂ ਦੇ ਮੰਨੇ-ਪ੍ਰਮੰਨੇ ਸੇਵਕ ਅਖਵਾਂਦੇ ਹਨ) ਉਹ ਮੰਨੇ-ਪ੍ਰਮੰਨੇ ਸੇਵਕ (ਫਿਰ) ਉਸ ਮਾਇਆ-ਜ਼ਹਰ ਨੂੰ ਨਹੀਂ ਚੱਖਦੇ।

44475	1039	ਅੰਤਰਿ ਵਸਤੁ ਅਨੂਪ ਨਿਰਮੋਲਕ ਗੁਰਿ ਮਿਲਿਐ ਹਰਿ ਧਨੁ ਪਾਇਆ॥੧੩॥		Anthar Vasath Anoop Niramolak Gur Miliai Har Dhhan Paaeiaa ||13||	Deep within, is the priceless, incomparable commodity; meeting with the Guru, the wealth of the Lord is obtained. ||13||	ਇਹ ਬੇ-ਮਿਸਾਲ ਤੇ ਅਮੋਲਕ ਨਾਮ-ਧਨ ਹਰੇਕ ਸਰੀਰ-ਮਹਲ ਦੇ ਅੰਦਰ ਮੌਜੂਦ ਹੈ। ਜੇ ਗੁਰੂ ਮਿਲ ਪਏ ਤਾਂ ਅੰਦਰੋਂ ਹੀ ਇਹ ਧਨ ਲੱਭ ਪੈਂਦਾ ਹੈ ॥੧੩॥
44476	1039	ਤਖਤਿ ਬਹੈ ਤਖਤੈ ਕੀ ਲਾਇਕ॥		Thakhath Behai Thakhathai Kee Laaeik ||	He alone sits on the throne, who is worthy of the throne.	(ਗੁਰੂ ਦੀ ਮੱਤ ਉਤੇ ਤੁਰਨ ਵਾਲਾ ਮਨੁੱਖ) ਹਿਰਦੇ-ਤਖ਼ਤ ਉਤੇ ਬੈਠਣ-ਜੋਗਾ ਹੋ ਜਾਂਦਾ ਹੈ ਤੇ ਹਿਰਦੇ-ਤਖ਼ਤ ਉਤੇ ਬੈਠਾ ਰਹਿੰਦਾ ਹੈ (ਭਾਵ, ਨਾਹ ਉਸ ਦੇ ਗਿਆਨ-ਇੰਦ੍ਰੇ ਮਾਇਆ ਵਲ ਡੋਲਦੇ ਹਨ ਅਤੇ ਨਾਹ ਹੀ ਉਸ ਦਾ ਮਨ ਵਿਕਾਰਾਂ ਵਲ ਜਾਂਦਾ ਹੈ)।
44477	1039	ਪੰਚ ਸਮਾਏ ਗੁਰਮਤਿ ਪਾਇਕ॥		Panch Samaaeae Guramath Paaeik ||	Following the Guru's Teachings, he subdues the five demons, and becomes the Lord's foot soldier.	ਜੇਹੜਾ ਮਨੁੱਖ ਗੁਰੂ ਦੀ ਮੱਤ ਤੇ ਤੁਰਦਾ ਹੈ ਉਸ ਦੇ ਪੰਜੇ ਗਿਆਨ-ਇੰਦ੍ਰੇ ਉਸ ਦੇ ਸੇਵਕ ਬਣ ਕੇ ਉਸ ਦੇ ਵੱਸ ਵਿਚ ਰਹਿੰਦੇ ਹਨ।

44478	1039	ਆਦਿ ਜੁਗਾਦੀ ਹੈ ਭੀ ਹੋਸੀ ਸਹਸਾ ਭਰਮੁ ਚੁਕਾਇਆ॥੧੪॥		Aadh Jugaadhee Hai Bhee Hosee Sehasaa Bharam Chukaaeiaa ||14||	He has existed from the very beginning of time and throughout the ages; He exists here and now, and will always exist. Meditating on Him, skepticism and doubt are dispelled. ||14||	ਜੇਹੜਾ ਪਰਮਾਤਮਾ ਸ੍ਰਿਸ਼ਟੀ ਦੇ ਮੁੱਢ ਤੋਂ ਪਹਿਲਾਂ ਦਾ ਹੈ ਜੁਗਾਂ ਦੇ ਆਦਿ ਤੋਂ ਹੈ, ਹੁਣ ਭੀ ਮੌਜੂਦ ਹੈ ਤੇ ਸਦਾ ਲਈ ਕਾਇਮ ਰਹੇਗਾ ਉਹ ਪਰਮਾਤਮਾ ਗੁਰੂ ਦੀ ਮੱਤ ਤੇ ਤੁਰਨ ਵਾਲੇ ਮਨੁੱਖ ਦੇ ਅੰਦਰ ਪਰਗਟ ਹੋ ਕੇ ਉਸ ਦਾ ਸਹਮ ਤੇ ਉਸ ਦੀ ਭਟਕਣਾ ਦੂਰ ਕਰ ਦੇਂਦਾ ਹੈ ॥੧੪॥
44479	1039	ਤਖਤਿ ਸਲਾਮੁ ਹੋਵੈ ਦਿਨੁ ਰਾਤੀ॥		Thakhath Salaam Hovai Dhin Raathee ||	The Lord of the Throne is greeted and worshipped day and night.	ਹਿਰਦੇ-ਤਖ਼ਤ ਉਤੇ ਬੈਠੇ ਮਨੁੱਖ ਨੂੰ ਦਿਨ ਰਾਤ ਆਦਰ ਮਿਲਦਾ ਹੈ।
44480	1039	ਇਹੁ ਸਾਚੁ ਵਡਾਈ ਗੁਰਮਤਿ ਲਿਵ ਜਾਤੀ॥		Eihu Saach Vaddaaee Guramath Liv Jaathee ||	This true glorious greatness comes to those who love the Guru's Teachings.	ਜਿਸ ਮਨੁੱਖ ਨੇ ਗੁਰੂ ਦੀ ਮੱਤ ਤੇ ਤੁਰ ਕੇ ਪਰਮਾਤਮਾ ਦੇ ਚਰਨਾਂ ਨਾਲ ਲਿਵ ਦੀ ਸਾਂਝ ਪਾ ਲਈ ਉਸ ਨੂੰ ਇਹ ਆਦਰ ਸਦਾ ਲਈ ਮਿਲਿਆ ਰਹਿੰਦਾ ਹੈ ਇਹ ਇੱਜ਼ਤ ਸਦਾ ਮਿਲੀ ਰਹਿੰਦੀ ਹੈ।

44481	1039	ਨਾਨਕ ਰਾਮੁ ਜਪਹੁ ਤਰੁ ਤਾਰੀ ਹਰਿ ਅੰਤਿ ਸਖਾਈ ਪਾਇਆ॥੧੫॥੧॥੧੮॥		Naanak Raam Japahu Thar Thaaree Har Anth Sakhaaee Paaeiaa ||15||1||18||	O Nanak, meditate on the Lord, and swim across the river; they find the Lord, their best friend, in the end. ||15||1||18||	ਹੇ ਨਾਨਕ! ਪਰਮਾਤਮਾ ਦਾ ਨਾਮ ਜਪੋ। (ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਸਿਮਰਨ ਦੀ) ਤਾਰੀ ਤਰੋ। ਜੇਹੜਾ ਮਨੁੱਖ ਸਿਮਰਨ ਕਰਦਾ ਹੈ ਉਹ ਉਸ ਹਰੀ ਨੂੰ ਮਿਲ ਪੈਂਦਾ ਹੈ ਜੋ ਆਖ਼ੀਰ ਤਕ ਸਾਥੀ ਬਣਿਆ ਰਹਿੰਦਾ ਹੈ ॥੧੫॥੧॥੧੮॥
44482	1039	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
44483	1039	ਹਰਿ ਧਨੁ ਸੰਚਹੁ ਰੇ ਜਨ ਭਾਈ॥		Har Dhhan Sanchahu Rae Jan Bhaaee ||	Gather in the wealth of the Lord, O humble Siblings of Destiny.	ਹੇ ਭਾਈ ਜਨੋ! ਪਰਮਾਤਮਾ ਦਾ ਨਾਮ-ਧਨ ਇਕੱਠਾ ਕਰੋ।
44484	1039	ਸਤਿਗੁਰ ਸੇਵਿ ਰਹਹੁ ਸਰਣਾਈ॥	ਰਹ-ਹੁ	Sathigur Saev Rehahu Saranaaee ||	Serve the True Guru, and remain in His Sanctuary.	(ਪਰ ਇਹ ਧਨ ਗੁਰੂ ਦੇ ਦੱਸੇ ਰਾਹ ਤੇ ਤੁਰਿਆਂ ਮਿਲਦਾ ਹੈ, ਇਸ ਵਾਸਤੇ) ਗੁਰੂ ਦੀ ਦੱਸੀ ਸੇਵਾ ਕਰ ਕੇ ਗੁਰੂ ਦੀ ਸਰਨ ਵਿਚ ਟਿਕੇ ਰਹੋ।

44485	1039	ਤਸਕਰੁ ਚੋਰੁ ਨ ਲਾਗੈ ਤਾ ਕਉ ਧੁਨਿ ਉਪਜੈ ਸਬਦਿ ਜਗਾਇਆ॥੧॥		Thasakar Chor N Laagai Thaa Ko Dhhun Oupajai Sabadh Jagaaeiaa ||1||	This wealth cannot be stolen; the celestial melody of the Shabad wells up and keeps us awake and aware. ||1||	(ਜੇਹੜਾ ਮਨੁੱਖ ਇਹ ਆਤਮਕ ਰਸਤਾ ਫੜਦਾ ਹੈ) ਉਸ ਨੂੰ ਕੋਈ (ਕਾਮਾਦਿਕ) ਚੋਰ ਨਹੀਂ ਲੱਗਦਾ (ਕੋਈ ਚੋਰ ਉਸ ਉਤੇ ਆਪਣਾ ਦਾਅ ਨਹੀਂ ਲਾ ਸਕਦਾ ਕਿਉਂਕਿ) ਗੁਰੂ ਨੇ ਆਪਣੇ ਸ਼ਬਦ ਦੀ ਰਾਹੀਂ ਉਸ ਨੂੰ ਜਗਾ ਦਿੱਤਾ ਹੈ ਤੇ ਉਸ ਦੇ ਅੰਦਰ (ਨਾਮ ਸਿਮਰਨ ਦੀ) ਰੌ ਪੈਦਾ ਹੋਈ ਰਹਿੰਦੀ ਹੈ ॥੧॥
44486	1039	ਤੂ ਏਕੰਕਾਰੁ ਨਿਰਾਲਮੁ ਰਾਜਾ॥		Thoo Eaekankaar Niraalam Raajaa ||	You are the One Universal Creator, the Immaculate King.	ਹੇ ਪ੍ਰਭੂ! ਤੂੰ ਇਕ ਆਪ ਹੀ ਆਪ ਹੈਂ, ਤੈਨੂੰ ਕਿਸੇ ਸਹਾਰੇ ਦੀ ਲੋੜ ਨਹੀਂ, ਤੂੰ ਸਾਰੀ ਸ੍ਰਿਸ਼ਟੀ ਦਾ ਰਾਜਾ ਹੈਂ।
44487	1039	ਤੂ ਆਪਿ ਸਵਾਰਹਿ ਜਨ ਕੇ ਕਾਜਾ॥		Thoo Aap Savaarehi Jan Kae Kaajaa ||	You Yourself arrange and resolve the affairs of Your humble servant.	ਆਪਣੇ ਸੇਵਕਾਂ ਦੇ ਕੰਮ ਤੂੰ ਆਪ ਸਵਾਰਦਾ ਹੈਂ।
44488	1039	ਅਮਰੁ ਅਡੋਲੁ ਅਪਾਰੁ ਅਮੋਲਕੁ ਹਰਿ ਅਸਥਿਰ ਥਾਨਿ ਸੁਹਾਇਆ॥੨॥		Amar Addol Apaar Amolak Har Asathhir Thhaan Suhaaeiaa ||2||	You are immortal, immovable, infinite and priceless; O Lord, Your place is beautiful and eternal. ||2||	ਹੇ ਹਰੀ! ਤੈਨੂੰ ਮੌਤ ਨਹੀਂ ਪੋਹ ਸਕਦੀ, ਤੈਨੂੰ ਮਾਇਆ ਡੁਲਾ ਨਹੀਂ ਸਕਦੀ, ਤੂੰ ਬੇਅੰਤ ਹੈਂ, ਤੇਰਾ ਮੁੱਲ ਨਹੀਂ ਪਾਇਆ ਜਾ ਸਕਦਾ। ਤੂੰ ਐਸੇ ਥਾਂ ਸੋਭ ਰਿਹਾ ਹੈਂ ਜੋ ਸਦਾ ਕਾਇਮ ਰਹਿਣ ਵਾਲਾ ਹੈ ॥੨॥
44489	1039	ਦੇਹੀ ਨਗਰੀ ਊਤਮ ਥਾਨਾ॥	ਨੱਗਰੀ	Dhaehee Nagaree Ootham Thhaanaa ||	In the body-village, the most sublime place,	ਮਨੁੱਖਾ ਸਰੀਰ, ਮਾਨੋ, ਇਕ ਸ਼ਹਿਰ ਹੈ।

44490	1039	ਪੰਚ ਲੋਕ ਵਸਹਿ ਪਰਧਾਨਾ॥		Panch Lok Vasehi Paradhhaanaa ||	The supremely noble people dwell.	ਜਿਸ ਜਿਸ ਸਰੀਰ-ਸ਼ਹਿਰ ਵਿਚ ਮੰਨੇ-ਪ੍ਰਮੰਨੇ ਸੰਤ ਜਨ ਵੱਸਦੇ ਹਨ, ਉਹ ਉਹ ਸਰੀਰ-ਸ਼ਹਿਰ (ਪਰਮਾਤਮਾ ਦੇ ਵੱਸਣ ਲਈ) ਸ੍ਰੇਸ਼ਟ ਥਾਂ ਹੈ।
44491	1039	ਊਪਰਿ ਏਕੰਕਾਰੁ ਨਿਰਾਲਮੁ ਸੁੰਨ ਸਮਾਧਿ ਲਗਾਇਆ॥੩॥		Oopar Eaekankaar Niraalam Sunn Samaadhh Lagaaeiaa ||3||	Above them is the Immaculate Lord, the One Universal Creator; they are lovingly absorbed in the profound, primal state of Samaadhi. ||3||	ਜੇਹੜਾ ਪਰਮਾਤਮਾ ਸਭ ਜੀਵਾਂ ਦੇ ਸਿਰ ਤੇ ਰਾਖਾ ਹੈ, ਜੇਹੜਾ ਇਕ ਆਪ ਹੀ ਆਪ (ਆਪਣੇ ਵਰਗਾ) ਹੈ, ਜਿਸ ਨੂੰ ਹੋਰ ਕਿਸੇ ਆਸਰੇ-ਸਹਾਰੇ ਦੀ ਲੋੜ ਨਹੀਂ, ਉਹ ਪਰਮਾਤਮਾ (ਉਸ ਸਰੀਰ-ਸ਼ਹਿਰ ਵਿਚ, ਮਾਨੋ,) ਐਸੀ ਸਮਾਧੀ ਲਾਈ ਬੈਠਾ ਹੈ ਜਿਸ ਵਿਚ ਕੋਈ ਮਾਇਕ-ਫੁਰਨੇ ਨਹੀਂ ਉਠਦੇ ॥੩॥
44492	1039	ਦੇਹੀ ਨਗਰੀ ਨਉ ਦਰਵਾਜੇ॥		Dhaehee Nagaree No Dharavaajae ||	There are nine gates to the body-village;	(ਹਰੇਕ) ਸਰੀਰ-ਸ਼ਹਿਰ ਨੂੰ ਨੌ ਨੌ ਦਰਵਾਜ਼ੇ-
44493	1039	ਸਿਰਿ ਸਿਰਿ ਕਰਣੈਹਾਰੈ ਸਾਜੇ॥		Sir Sir Karanaihaarai Saajae ||	The Creator Lord fashioned them for each and every person.	ਸਿਰਜਣਹਾਰ ਪ੍ਰਭੂ ਨੇ ਲਾ ਦਿੱਤੇ ਹਨ।

44494	1039	ਦਸਵੈ ਪੁਰਖੁ ਅਤੀਤੁ ਨਿਰਾਲਾ ਆਪੇ ਅਲਖੁ ਲਖਾਇਆ॥੪॥		Dhasavai Purakh Atheeth Niraalaa Aapae Alakh Lakhaaeiaa ||4||	Within the Tenth Gate, dwells the Primal Lord, detached and unequalled. The unknowable reveals Himself. ||4||	(ਇਹਨਾਂ ਦਰਵਾਜ਼ਿਆਂ ਦੀ ਰਾਹੀਂ, ਸਰੀਰ-ਸ਼ਹਿਰ ਵਿਚ ਵੱਸਣ ਵਾਲਾ ਜੀਵਾਤਮਾ ਬਾਹਰਲੀ ਦੁਨੀਆ ਨਾਲ ਆਪਣਾ ਸੰਬੰਧ ਬਣਾਈ ਰੱਖਦਾ ਹੈ। ਇਕ ਦਸਵਾਂ ਦਰਵਾਜ਼ਾ ਭੀ ਹੈ ਜਿਸ ਦੀ ਰਾਹੀਂ ਪਰਮਾਤਮਾ ਤੇ ਜੀਵਾਤਮਾ ਦਾ ਮੇਲ ਹੁੰਦਾ ਹੈ, ਉਸ) ਵਿਚ ਉਹ ਪਰਮਾਤਮਾ ਆਪ ਟਿਕਦਾ ਹੈ ਜੋ ਸਰਬ-ਵਿਆਪਕ ਹੈ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ ਜੋ ਨਿਰਲੇਪ ਹੈ ਤੇ ਜੋ ਅਦ੍ਰਿਸ਼ਟ ਹੈ। (ਪਰ ਜੀਵ ਨੂੰ ਆਪਣਾ ਆਪ) ਉਹ ਆਪ ਹੀ ਵਿਖਾਂਦਾ ਹੈ ॥੪॥
44495	1039	ਪੁਰਖੁ ਅਲੇਖੁ ਸਚੇ ਦੀਵਾਨਾ॥		Purakh Alaekh Sachae Dheevaanaa ||	The Primal Lord cannot be held to account; True is His Celestial Court.	ਹਰੇਕ ਸਰੀਰ-ਸ਼ਹਿਰ ਵਿਚ ਰਹਿਣ ਵਾਲਾ ਪਰਮਾਤਮਾ ਐਸਾ ਹੈ ਕਿ ਉਸ ਦਾ ਕੋਈ ਚਿੱਤ੍ਰ ਨਹੀਂ ਬਣਾ ਸਕਦਾ (ਉਹ ਸਦਾ-ਥਿਰ ਰਹਿਣ ਵਾਲਾ ਹੈ ਤੇ) ਉਸ ਸਦਾ-ਥਿਰ ਪ੍ਰਭੂ ਦਾ ਦਰਬਾਰ ਭੀ ਸਦਾ-ਥਿਰ ਹੈ।
44496	1039	ਹੁਕਮਿ ਚਲਾਏ ਸਚੁ ਨੀਸਾਨਾ॥		Hukam Chalaaeae Sach Neesaanaa ||	The Hukam of His Command is in effect; True is His Insignia.	(ਜਗਤ ਦੀ ਸਾਰੀ ਕਾਰ ਉਹ) ਆਪਣੇ ਹੁਕਮ ਵਿਚ ਚਲਾ ਰਿਹਾ ਹੈ (ਉਸ ਦੇ ਹੁਕਮ ਦਾ) ਪਰਵਾਨਾ ਅਟੱਲ ਹੈ।

44497	1039	ਨਾਨਕ ਖੋਜਿ ਲਹਹੁ ਘਰੁ ਅਪਨਾ ਹਰਿ ਆਤਮ ਰਾਮ ਨਾਮੁ ਪਾਇਆ॥੫॥		Naanak Khoj Lehahu Ghar Apanaa Har Aatham Raam Naam Paaeiaa ||5||	O Nanak, search and examine your own home, and you shall find the Supreme Soul, and the Name of the Lord. ||5||	ਹੇ ਨਾਨਕ! (ਉਹ ਸਰਬ-ਵਿਆਪਕ ਪ੍ਰਭੂ ਹਰੇਕ ਸਰੀਰ-ਘਰ ਵਿਚ ਮੌਜੂਦ ਹੈ) ਆਪਣਾ ਹਿਰਦਾ-ਘਰ ਖੋਜ ਕੇ ਉਸ ਨੂੰ ਲੱਭ ਲਵੋ। (ਜਿਸ ਜਿਸ ਮਨੁੱਖ ਨੇ ਇਹ ਖੋਜ-ਭਾਲ ਕੀਤੀ ਹੈ) ਉਸ ਨੇ ਉਸ ਸਰਬ-ਵਿਆਪਕ ਪ੍ਰਭੂ ਦਾ ਨਾਮ-ਧਨ ਹਾਸਲ ਕਰ ਲਿਆ ਹੈ ॥੫॥
44498	1040	ਸਰਬ ਨਿਰੰਜਨ ਪੁਰਖੁ ਸੁਜਾਨਾ॥		Sarab Niranjan Purakh Sujaanaa ||	The Primal Lord is everywhere, immaculate and all-knowing.	ਉਹ ਸੁਜਾਨ ਪ੍ਰਭੂ ਸਭ ਸਰੀਰਾਂ ਵਿਚ ਵਿਆਪਕ ਹੁੰਦਾ ਹੋਇਆ ਭੀ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ,
44499	1040	ਅਦਲੁ ਕਰੇ ਗੁਰ ਗਿਆਨ ਸਮਾਨਾ॥	ਅਦ-ਲੁ: ਪੋਲਾ ਬੋਲੋ	Adhal Karae Gur Giaan Samaanaa ||	He administers justice, and is absorbed in the spiritual wisdom of the Guru.	ਤੇ (ਹਰੇਕ ਗੱਲ ਵਿਚ) ਨਿਆਂ ਕਰਦਾ ਹੈ। ਜੇਹੜਾ ਮਨੁੱਖ ਗੁਰੂ ਦੇ ਬਖ਼ਸ਼ੇ ਇਸ ਗਿਆਨ ਵਿਚ ਆਪਣੇ ਆਪ ਨੂੰ ਲੀਨ ਕਰਦਾ ਹੈ,

44500	1040	ਕਾਮੁ ਕ੍ਰੋਧੁ ਲੈ ਗਰਦਨਿ ਮਾਰੇ ਹਉਮੈ ਲੋਭੁ ਚੁਕਾਇਆ॥੬॥	ਪੁਰਾਣੇ ਸਮੇਂ ਗਰਦਨਿ ਮਾਰੇ ਸਜ਼ਾ ਸੀ,ਜਿਸ ਚ ਦੋਸ਼ੀ ਦੀ ਗਰਦਨਿ ਤਲਵਾਰ ਨਾਲ ਵੱਢਦੇ ਸਨ।ਕਾਮੁ ਕ੍ਰੋਧੁ.ਦੀ ਮੰਦ ਵਾਸ਼ਨਾ ਰੂਪੀ ਗਰਦਨਿ (ਲੈ) ਫੜ ਕੇ,ਪ੍ਰੇਮਾ-ਭਗਤੀ ਰੂਪੀ ਤਲਵਾਰ ਦੀ, ਬੰਦਗੀ ਰੂਪੀ ਧਾਰ ਨਾਲ ਵੱਢ ਦਿਤੀ	Kaam Krodhh Lai Garadhan Maarae Houmai Lobh Chukaaeiaa ||6||	He seizes sexual desire and anger by their necks, and kills them; He eradicates egotism and greed. ||6||	ਉਹ ਆਪਣੇ ਅੰਦਰੋਂ ਕਾਮ ਤੇ ਕ੍ਰੋਧ ਨੂੰ ਉੱਕਾ ਹੀ ਮਾਰ ਲੈਂਦਾ ਹੈ, ਉਸ ਨੇ ਹਉਮੈ ਤੇ ਲੋਭ ਨੂੰ ਮੁਕਾ ਲਿਆ ਹੈ ॥੬॥
44501	1040	ਸਚੈ ਥਾਨਿ ਵਸੈ ਨਿਰੰਕਾਰਾ॥		Sachai Thhaan Vasai Nirankaaraa ||	In the True Place, the Formless Lord abides.	ਉਹ ਪਰਮਾਤਮਾ ਜਿਸ ਦਾ ਕੋਈ ਖ਼ਾਸ ਸਰੂਪ ਨਹੀਂ ਦੱਸਿਆ ਜਾ ਸਕਦਾ ਇਕ ਐਸੇ ਥਾਂ ਤੇ ਰਹਿੰਦਾ ਹੈ ਜੋ ਸਦਾ ਕਾਇਮ ਰਹਿਣ ਵਾਲਾ ਹੈ।
44502	1040	ਆਪਿ ਪਛਾਣੈ ਸਬਦੁ ਵੀਚਾਰਾ॥		Aap Pashhaanai Sabadh Veechaaraa ||	Whoever understands his own self, contemplates the Word of the Shabad.	ਉਹ ਆਪ ਹੀ ਆਪਣੇ ਹੁਕਮ ਨੂੰ ਵਿਚਾਰਦਾ ਹੈ ਤੇ ਆਪ ਹੀ ਸਮਝਦਾ ਹੈ।

44503	1040	ਸਚੈ ਮਹਲਿ ਨਿਵਾਸੁ ਨਿਰੰਤਰਿ ਆਵਣ ਜਾਣੁ ਚੁਕਾਇਆ॥੭॥		Sachai Mehal Nivaas Niranthar Aavan Jaan Chukaaeiaa ||7||	He comes to abide deep within the True Mansion of His Presence, and his comings and goings are ended. ||7||	ਜਿਸ ਜੀਵ ਨੇ ਉਸ ਸਦਾ-ਥਿਰ ਪ੍ਰਭੂ ਦੇ ਚਰਨਾਂ (ਮਹਿਲ) ਵਿਚ ਆਪਣਾ ਟਿਕਾਣਾ ਸਦਾ ਲਈ ਬਣਾ ਲਿਆ (ਭਾਵ, ਜੋ ਮਨੁੱਖ ਸਦਾ ਉਸ ਦੀ ਯਾਦ ਵਿਚ ਜੁੜਿਆ ਰਹਿੰਦਾ ਹੈ) ਪਰਮਾਤਮਾ ਉਸ ਦਾ ਜੰਮਣ ਮਰਨ ਦਾ ਗੇੜ ਮੁਕਾ ਦੇਂਦਾ ਹੈ ॥੭॥
44504	1040	ਨਾ ਮਨੁ ਚਲੈ ਨ ਪਉਣੁ ਉਡਾਵੈ॥	ਚੱਲੈ	Naa Man Chalai N Poun Ouddaavai ||	His mind does not waver, and he is not buffeted by the winds of desire.	ਉਸ ਮਨੁੱਖ ਦਾ ਮਨ (ਮਾਇਆ ਦੀ ਖ਼ਾਤਰ) ਨਹੀਂ ਭਟਕਦਾ, ਮਾਇਆ ਦੀ ਤ੍ਰਿਸ਼ਨਾ ਉਸ ਨੂੰ ਥਾਂ ਥਾਂ ਨਹੀਂ ਦੌੜਾਈ ਫਿਰਦੀ।
44505	1040	ਜੋਗੀ ਸਬਦੁ ਅਨਾਹਦੁ ਵਾਵੈ॥		Jogee Sabadh Anaahadh Vaavai ||	Such a Yogi vibrates the unstruck sound current of the Shabad.	ਪ੍ਰਭੂ-ਚਰਨਾਂ ਵਿਚ ਜੁੜਿਆ ਉਹ ਮਨੁੱਖ (ਆਪਣੇ ਅੰਦਰ) ਇਕ-ਰਸ ਸਿਫ਼ਤ-ਸਾਲਾਹ (ਦਾ ਵਾਜਾ) ਵਜਾਂਦਾ ਰਹਿੰਦਾ ਹੈ,
44506	1040	ਪੰਚ ਸਬਦ ਝੁਣਕਾਰੁ ਨਿਰਾਲਮੁ ਪ੍ਰਭਿ ਆਪੇ ਵਾਇ ਸੁਣਾਇਆ॥੮॥		Panch Sabadh Jhunakaar Niraalam Prabh Aapae Vaae Sunaaeiaa ||8||	God Himself plays the pure music of the Panch Shabad, the five primal sounds to hear. ||8||	ਜਿਸ ਦੀ ਬਰਕਤਿ ਨਾਲ ਉਸ ਦੇ ਅੰਦਰ, ਮਾਨੋ, ਇਕ ਮਿੱਠਾ ਮਿੱਠਾ ਇਕ-ਰਸ ਰਾਗ ਹੁੰਦਾ ਹੈ ਜਿਵੇਂ ਪੰਜ ਕਿਸਮਾਂ ਦੇ ਸਾਜ਼ਾਂ ਦੇ ਇਕੱਠੇ ਵਜਾਣ ਨਾਲ ਪੈਦਾ ਹੁੰਦਾ ਹੈ, ਉਸ ਰਾਗ ਨੂੰ ਬਾਹਰੋਂ ਕਿਸੇ ਸਾਜ਼ ਦੇ ਆਸਰੇ ਦੀ ਲੋੜ ਨਹੀਂ ਪੈਂਦੀ। ਇਹ ਰਾਗ (ਅੰਦਰ-ਵੱਸਦੇ) ਪ੍ਰਭੂ ਨੇ ਆਪ ਹੀ ਵਜਾ ਕੇ ਉਸ ਨੂੰ ਸੁਣਾਇਆ ਹੈ ॥੮॥

44507	1040	ਭਉ ਬੈਰਾਗਾ ਸਹਜਿ ਸਮਾਤਾ॥		Bho Bairaagaa Sehaj Samaathaa ||	In the Fear of God, in detachment, one intuitively merges into the Lord.	ਉਸ ਮਨੁੱਖ ਦੇ ਅੰਦਰ ਪਰਮਾਤਮਾ ਦਾ ਡਰ-ਅਦਬ ਪੈਦਾ ਹੁੰਦਾ ਹੈ, ਪਰਮਾਤਮਾ ਦਾ ਪਿਆਰ ਉਪਜਦਾ ਹੈ, (ਜਿਸ ਕਰਕੇ) ਉਹ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ।
44508	1040	ਹਉਮੈ ਤਿਆਗੀ ਅਨਹਦਿ ਰਾਤਾ॥		Houmai Thiaagee Anehadh Raathaa ||	Renouncing egotism, he is imbued with the unstruck sound current.	ਉਹ ਮਨੁੱਖ ਹਉਮੈ ਦੂਰ ਕਰ ਕੇ ਅਬਿਨਾਸੀ ਪ੍ਰਭੂ (ਦੇ ਨਾਮ-ਰੰਗ) ਵਿਚ ਰੰਗਿਆ ਰਹਿੰਦਾ ਹੈ।
44509	1040	ਅੰਜਨੁ ਸਾਰਿ ਨਿਰੰਜਨੁ ਜਾਣੈ ਸਰਬ ਨਿਰੰਜਨੁ ਰਾਇਆ॥੯॥		Anjan Saar Niranjan Jaanai Sarab Niranjan Raaeiaa ||9||	With the ointment of enlightenment, the Immaculate Lord is known; the Immaculate Lord King is pervading everywhere. ||9||	(ਪ੍ਰਭੂ ਦੇ ਨਾਮ ਦਾ) ਸੁਰਮਾ ਪਾ ਕੇ ਉਹ ਪਛਾਣ ਲੈਂਦਾ ਹੈ ਕਿ ਉਹ ਰਾਜਨ-ਪ੍ਰਭੂ ਆਪ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ ਤੇ (ਸਰਨ ਪਏ) ਸਭ ਜੀਵਾਂ ਨੂੰ ਭੀ ਮਾਇਆ ਦੇ ਪ੍ਰਭਾਵ ਤੋਂ ਬਚਾ ਲੈਂਦਾ ਹੈ ॥੯॥
44510	1040	ਦੁਖ ਭੈ ਭੰਜਨੁ ਪ੍ਰਭੁ ਅਬਿਨਾਸੀ॥		Dhukh Bhai Bhanjan Prabh Abinaasee ||	God is eternal and imperishable; He is the Destroyer of pain and fear.	ਪ੍ਰਭੂ ਜੀਵਾਂ ਦੇ ਦੁੱਖ ਤੇ ਡਰ ਨਾਸ ਕਰਨ ਵਾਲਾ ਹੈ ਤੇ ਆਪ ਕਦੇ ਨਾਸ ਹੋਣ ਵਾਲਾ ਨਹੀਂ।
44511	1040	ਰੋਗ ਕਟੇ ਕਾਟੀ ਜਮ ਫਾਸੀ॥		Rog Kattae Kaattee Jam Faasee ||	He cures the disease, and cuts away the noose of death.	ਉਹ ਜੀਵਾਂ ਦੇ ਰੋਗ ਕੱਟਦਾ ਹੈ, ਜਮ ਦੀ ਫਾਹੀ ਤੋੜਦਾ ਹੈ।

44512	1040	ਨਾਨਕ ਹਰਿ ਪ੍ਰਭੁ ਸੋ ਭਉ ਭੰਜਨੁ ਗੁਰਿ ਮਿਲਿਐ ਹਰਿ ਪ੍ਰਭੁ ਪਾਇਆ॥੧੦॥		Naanak Har Prabh So Bho Bhanjan Gur Miliai Har Prabh Paaeiaa ||10||	O Nanak, the Lord God is the Destroyer of fear; meeting the Guru, the Lord God is found. ||10||	ਹੇ ਨਾਨਕ! ਉਹ ਹਰੀ, ਉਹ ਭਉ-ਭੰਜਨ ਪ੍ਰਭੂ ਤਦੋਂ ਹੀ ਮਿਲਦਾ ਹੈ ਜੇ ਗੁਰੂ ਮਿਲ ਪਵੇ ॥੧੦॥
44513	1040	ਕਾਲੈ ਕਵਲੁ ਨਿਰੰਜਨੁ ਜਾਣੈ॥		Kaalai Kaval Niranjan Jaanai ||	One who knows the Immaculate Lord chews up death.	ਜੇਹੜਾ ਮਨੁੱਖ ਮਾਇਆ-ਰਹਿਤ ਪਰਮਾਤਮਾ ਨਾਲ ਸਾਂਝ ਪਾ ਲੈਂਦਾ ਹੈ ਉਹ ਮੌਤ ਦੀ ਗਿਰਾਹੀ ਕਰ ਲੈਂਦਾ ਹੈ (ਉਹ ਮੌਤ ਦਾ ਡਰ ਮੁਕਾ ਲੈਂਦਾ ਹੈ),
44514	1040	ਬੂਝੈ ਕਰਮੁ ਸੁ ਸਬਦੁ ਪਛਾਣੈ॥		Boojhai Karam S Sabadh Pashhaanai ||	One who understands karma, realizes the Word of the Shabad.	ਉਹ ਪਰਮਾਤਮਾ ਦੀ ਬਖ਼ਸ਼ਸ਼ ਨੂੰ ਸਮਝ ਲੈਂਦਾ ਹੈ, ਉਹ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਨਾਲ ਜਾਣ-ਪਛਾਣ ਪਾਂਦਾ ਹੈ।
44515	1040	ਆਪੇ ਜਾਣੈ ਆਪਿ ਪਛਾਣੈ ਸਭੁ ਤਿਸ ਕਾ ਚੋਜੁ ਸਬਾਇਆ॥੧੧॥		Aapae Jaanai Aap Pashhaanai Sabh This Kaa Choj Sabaaeiaa ||11||	He Himself knows, and He Himself realizes. This whole world is all His play. ||11||	(ਉਸ ਨੂੰ ਇਹ ਨਿਸ਼ਚਾ ਬਣ ਜਾਂਦਾ ਹੈ ਕਿ) ਪਰਮਾਤਮਾ ਆਪ ਹੀ ਜੀਵਾਂ ਦੇ ਦਿਲ ਦੀ ਜਾਣਦਾ ਹੈ ਤੇ ਪਛਾਣਦਾ ਹੈ, ਇਹ ਸਾਰਾ ਜਗਤ-ਤਮਾਸ਼ਾ ਉਸੇ ਦਾ ਰਚਿਆ ਹੋਇਆ ਹੈ ॥੧੧॥

44516	1040	ਆਪੇ ਸਾਹੁ ਆਪੇ ਵਣਜਾਰਾ॥		Aapae Saahu Aapae Vanajaaraa ||	He Himself is the Banker, and He Himself is the Merchant.	(ਇਹ ਜਗਤ, ਮਾਨੋ, ਇਕ ਸ਼ਹਿਰ ਹੈ ਜਿਥੇ ਜੀਵ ਪ੍ਰਭੂ-ਨਾਮ ਦਾ ਵਣਜ ਕਰਨ ਆਉਂਦੇ ਹਨ) ਪਰਮਾਤਮਾ ਆਪ ਹੀ (ਰਾਸ-ਪੂੰਜੀ ਦੇਣ ਵਾਲਾ) ਸ਼ਾਹੂਕਾਰ ਹੈ, ਆਪ ਹੀ (ਜੀਵਾਂ ਵਿਚ ਵਿਆਪਕ ਹੋ ਕੇ) ਵਪਾਰੀ ਹੈ,
44517	1040	ਆਪੇ ਪਰਖੇ ਪਰਖਣਹਾਰਾ॥		Aapae Parakhae Parakhanehaaraa ||	The Appraiser Himself appraises.	ਉਹ ਆਪ ਹੀ ਇਸ ਵਣਜ ਨੂੰ ਪਰਖਦਾ ਹੈ ਕਿਉਂਕਿ ਉਹ ਆਪ ਹੀ ਇਸ ਨੂੰ ਪਰਖਣ ਦੀ ਯੋਗਤਾ ਰੱਖਦਾ ਹੈ।
44518	1040	ਆਪੇ ਕਸਿ ਕਸਵਟੀ ਲਾਏ ਆਪੇ ਕੀਮਤਿ ਪਾਇਆ॥੧੨॥		Aapae Kas Kasavattee Laaeae Aapae Keemath Paaeiaa ||12||	He Himself tests upon His Touchstone, and He Himself estimates the value. ||12||	(ਹਰੇਕ ਜੀਵ-ਵਣਜਾਰੇ ਦੇ ਕੀਤੇ ਵਣਜ ਨੂੰ) ਪ੍ਰਭੂ ਆਪ ਹੀ ਪਰਖਦਾ ਹੈ ਜਿਵੇਂ ਸੁਨਿਆਰਾ ਸੋਨੇ ਨੂੰ ਕਸਵੱਟੀ ਤੇ ਘਸਾ ਕੇ ਪਰਖਦਾ ਹੈ, ਤੇ ਫਿਰ ਪ੍ਰਭੂ ਆਪ ਹੀ (ਉਸ ਵਣਜ ਦਾ) ਮੁੱਲ ਪਾਂਦਾ ਹੈ ॥੧੨॥
44519	1040	ਆਪਿ ਦਇਆਲਿ ਦਇਆ ਪ੍ਰਭਿ ਧਾਰੀ॥	ਦ-ਇਆਲਿ	Aap Dhaeiaal Dhaeiaa Prabh Dhhaaree ||	God Himself, the Merciful Lord, grants His Grace.	ਜਿਸ ਮਨੁੱਖ ਉਤੇ ਦਇਆ-ਦੇ-ਘਰ ਪ੍ਰਭੂ ਨੇ ਮੇਹਰ ਕੀਤੀ,
44520	1040	ਘਟਿ ਘਟਿ ਰਵਿ ਰਹਿਆ ਬਨਵਾਰੀ॥		Ghatt Ghatt Rav Rehiaa Banavaaree ||	The Gardener pervades and permeates each and every heart.	ਉਸ ਨੂੰ ਨਿਸ਼ਚਾ ਹੋ ਗਿਆ ਕਿ ਜਗਤ ਦਾ ਮਾਲਕ ਪ੍ਰਭੂ ਹਰੇਕ ਸਰੀਰ ਵਿਚ ਵਿਆਪਕ ਹੈ।

44521	1040	ਪੁਰਖੁ ਅਤੀਤੁ ਵਸੈ ਨਿਹਕੇਵਲੁ ਗੁਰ ਪੁਰਖੈ ਪੁਰਖੁ ਮਿਲਾਇਆ॥੧੩॥		Purakh Atheeth Vasai Nihakaeval Gur Purakhai Purakh Milaaeiaa ||13||	The pure, primal, detached Lord abides within all. The Guru, the Lord Incarnate, leads us to meet the Lord God. ||13||	ਹਰੇਕ ਸਰੀਰ ਵਿਚ ਵੱਸਦਾ ਹੋਇਆ ਭੀ ਉਹ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ ਤੇ ਪਵਿਤ੍ਰ-ਸਰੂਪ ਹੈ। (ਜਿਸ ਉਤੇ ਪ੍ਰਭੂ ਦੀ ਮੇਹਰ ਹੋਈ) ਉਸ ਨੂੰ ਸਤਿਗੁਰ ਪੁਰਖ ਨੇ ਉਹ ਸਰਬ-ਵਿਆਪਕ ਪ੍ਰਭੂ ਮਿਲਾ ਦਿੱਤਾ ॥੧੩॥
44522	1040	ਪ੍ਰਭੁ ਦਾਨਾ ਬੀਨਾ ਗਰਬੁ ਗਵਾਏ॥		Prabh Dhaanaa Beenaa Garab Gavaaeae ||	God is wise and all-knowing; He purges men of their pride.	ਪ੍ਰਭੂ ਸਭ ਜੀਵਾਂ ਦੇ ਦਿਲ ਦੀ ਜਾਣਦਾ ਹੈ ਸਭ ਦੇ ਕੀਤੇ ਕੰਮ ਵੇਖਦਾ ਹੈ (ਜਿਸ ਉਤੇ ਮਿਹਰ ਕਰੇ ਉਸ ਦਾ) ਅਹੰਕਾਰ ਮਿਟਾਂਦਾ ਹੈ,
44523	1040	ਦੂਜਾ ਮੇਟੈ ਏਕੁ ਦਿਖਾਏ॥		Dhoojaa Maettai Eaek Dhikhaaeae ||	Eradicating duality, the One Lord reveals Himself.	ਉਸ ਦੇ ਅੰਦਰੋਂ ਕਿਸੇ ਹੋਰ ਆਸਰੇ ਦੀ ਝਾਕ ਦੂਰ ਕਰਦਾ ਹੈ, ਤੇ ਉਸ ਨੂੰ ਇਕ ਆਪਣਾ ਆਪ ਵਿਖਾ ਦੇਂਦਾ ਹੈ।
44524	1040	ਆਸਾ ਮਾਹਿ ਨਿਰਾਲਮੁ ਜੋਨੀ ਅਕੁਲ ਨਿਰੰਜਨੁ ਗਾਇਆ॥੧੪॥	ਅ-ਕੁਲ: ਪੋਲਾ ਬੋਲੋ	Aasaa Maahi Niraalam Jonee Akul Niranjan Gaaeiaa ||14||	Such a being remains unattached amidst hope, singing the Praise of the Immaculate Lord, who has no ancestry. ||14||	ਉਹ ਮਨੁੱਖ ਦੁਨੀਆ ਦੀਆਂ ਆਸਾਂ ਵਿਚ (ਵਿਚਰਦਾ ਹੋਇਆ ਭੀ) ਆਸਾਂ ਦੇ ਆਸਰੇ ਤੋਂ ਬੇ-ਮੁਥਾਜ ਹੋ ਜਾਂਦਾ ਹੈ ਕਿਉਂਕਿ ਉਹ ਉਸ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹੈ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ ਤੇ ਜਿਸ ਦੀ ਕੋਈ ਖ਼ਾਸ ਕੁਲ ਨਹੀਂ ॥੧੪॥

44525	1040	ਹਉਮੈ ਮੇਟਿ ਸਬਦਿ ਸੁਖੁ ਹੋਈ॥		Houmai Maett Sabadh Sukh Hoee ||	Eradicating egotism, he obtains the peace of the Shabad.	ਉਹ ਮਨੁੱਖ ਹਉਮੈ ਦੂਰ ਕਰ ਕੇ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ ਤੇ ਉਸ ਮਨੁੱਖ ਨੂੰ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ,
44526	1040	ਆਪੁ ਵੀਚਾਰੇ ਗਿਆਨੀ ਸੋਈ॥		Aap Veechaarae Giaanee Soee ||	He alone is spiritually wise, who contemplates his own self.	ਜੇਹੜਾ ਮਨੁੱਖ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ। ਉਹੀ ਅਸਲ ਗਿਆਨ-ਵਾਨ ਹੈ।
44527	1040	ਨਾਨਕ ਹਰਿ ਜਸੁ ਹਰਿ ਗੁਣ ਲਾਹਾ ਸਤਸੰਗਤਿ ਸਚੁ ਫਲੁ ਪਾਇਆ॥੧੫॥੨॥੧੯॥		Naanak Har Jas Har Gun Laahaa Sathasangath Sach Fal Paaeiaa ||15||2||19||	O Nanak, singing the Glorious Praises of the Lord, the true profit is obtained; in the Sat Sangat, the True Congregation, the fruit of Truth is obtained. ||15||2||19||	ਹੇ ਨਾਨਕ! ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਪਰਮਾਤਮਾ ਦੇ ਗੁਣ ਗਾਣੇ-(ਜਗਤ ਵਿਚ ਇਹੀ ਅਸਲ) ਖੱਟੀ ਹੈ। ਜੇਹੜਾ ਮਨੁੱਖ ਸਾਧ ਸੰਗਤ ਵਿਚ ਆਉਂਦਾ ਹੈ ਉਹ ਇਹ ਸਦਾ ਕਾਇਮ ਰਹਿਣ ਵਾਲਾ ਫਲ ਪਾ ਲੈਂਦਾ ਹੈ ॥੧੫॥੨॥੧੯॥
44528	1040	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
44529	1040	ਸਚੁ ਕਹਹੁ ਸਚੈ ਘਰਿ ਰਹਣਾ॥	ਕਹ-ਹੁ	Sach Kehahu Sachai Ghar Rehanaa ||	Speak the Truth, and remain in the home of Truth.	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਨਾਮ ਸਿਮਰੋ, (ਸਿਮਰਨ ਦੀ ਬਰਕਤਿ ਨਾਲ ਉਸ) ਸਦਾ-ਥਿਰ ਪ੍ਰਭੂ ਦੀ ਹਜ਼ੂਰੀ ਵਿਚ ਥਾਂ ਮਿਲੀ ਰਹੇਗੀ,

44530	1040	ਜੀਵਤ ਮਰਹੁ ਭਵਜਲੁ ਜਗੁ ਤਰਣਾ॥		Jeevath Marahu Bhavajal Jag Tharanaa ||	Remain dead while yet alive, and cross over the terrifying world-ocean.	ਜੀਵਨ-ਸਫ਼ਰ ਵਿਚ ਵਿਕਾਰਾਂ ਦੇ ਹੱਲੇ ਤੋਂ ਬਚੇ ਰਹੋਗੇ, ਤੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਵੋਗੇ।
44531	1040	ਗੁਰੁ ਬੋਹਿਥੁ ਗੁਰੁ ਬੇੜੀ ਤੁਲਹਾ ਮਨ ਹਰਿ ਜਪਿ ਪਾਰਿ ਲੰਘਾਇਆ॥੧॥		Gur Bohithh Gur Baerree Thulehaa Man Har Jap Paar Langhaaeiaa ||1||	The Guru is the boat, the ship, the raft; meditating on the Lord in your mind, you shall be carried across to the other side. ||1||	ਹੇ ਮਨ! (ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ) ਗੁਰੂ ਜਹਾਜ਼ ਹੈ, ਗੁਰੂ ਬੇੜੀ ਹੈ, ਗੁਰੂ ਤੁਲਹਾ ਹੈ, (ਗੁਰੂ ਦੀ ਸਰਨ ਪੈ ਕੇ) ਹਰਿ-ਨਾਮ ਜਪ, (ਜਿਸ ਜਿਸ ਨੇ ਜਪਿਆ ਹੈ ਗੁਰੂ ਨੇ ਉਸ ਨੂੰ) ਪਾਰ ਲੰਘਾ ਦਿੱਤਾ ਹੈ ॥੧॥
44532	1040	ਹਉਮੈ ਮਮਤਾ ਲੋਭ ਬਿਨਾਸਨੁ॥		Houmai Mamathaa Lobh Binaasan ||	Eliminating egotism, possessiveness and greed,	ਪਰਮਾਤਮਾ ਦਾ ਨਾਮ ਹਉਮੈ ਮਮਤਾ ਤੇ ਲੋਭ ਦਾ ਨਾਸ ਕਰਨ ਵਾਲਾ ਹੈ,
44533	1040	ਨਉ ਦਰ ਮੁਕਤੇ ਦਸਵੈ ਆਸਨੁ॥		No Dhar Mukathae Dhasavai Aasan ||	One is liberated from the nine gates, and obtains a place in the Tenth Gate.	(ਨਾਮ ਸਿਮਰਨ ਦੀ ਬਰਕਤਿ ਨਾਲ) ਸਰੀਰ ਦੀਆਂ ਨੌ ਗੋਲਕਾਂ ਦੇ ਵਿਸ਼ਿਆਂ ਤੋਂ ਖ਼ਲਾਸੀ ਮਿਲੀ ਰਹਿੰਦੀ ਹੈ, ਸੁਰਤ ਦਸਵੇਂ ਦੁਆਰ ਵਿਚ ਟਿਕੀ ਰਹਿੰਦੀ ਹੈ (ਭਾਵ, ਦਸਵੇਂ ਦੁਆਰ ਦੀ ਰਾਹੀਂ ਪਰਮਾਤਮਾ ਨਾਲ ਸੰਬੰਧ ਬਣਿਆ ਰਹਿੰਦਾ ਹੈ)।

44534	1040	ਊਪਰਿ ਪਰੈ ਪਰੈ ਅਪਰੰਪਰੁ ਜਿਨਿ ਆਪੇ ਆਪੁ ਉਪਾਇਆ॥੨॥	ਅਪ-ਰੰਪਰੁ	Oopar Parai Parai Aparanpar Jin Aapae Aap Oupaaeiaa ||2||	Lofty and high, the farthest of the far and infinite, He created Himself. ||2||	ਜਿਸ ਪਰਮਾਤਮਾ ਨੇ ਆਪਣੇ ਆਪ ਨੂੰ (ਸ੍ਰਿਸ਼ਟੀ ਦੇ ਰੂਪ ਵਿਚ) ਪਰਗਟ ਕੀਤਾ ਹੈ ਜੋ ਪਰੇ ਤੋਂ ਪਰੇ ਹੈ ਤੇ ਬੇਅੰਤ ਹੈ ਉਹ ਉਸ ਦਸਮ ਦੁਆਰ ਵਿਚ ਪ੍ਰਤੱਖ ਹੋ ਜਾਂਦਾ ਹੈ ॥੨॥
44535	1040	ਗੁਰਮਤਿ ਲੇਵਹੁ ਹਰਿ ਲਿਵ ਤਰੀਐ॥		Guramath Laevahu Har Liv Thareeai ||	Receiving the Guru's Teachings, and lovingly attuned to the Lord, one crosses over.	ਗੁਰੂ ਦੀ ਮੱਤ ਗ੍ਰਹਿਣ ਕਰੋ (ਗੁਰੂ ਦੀ ਮੱਤ ਦੀ ਰਾਹੀਂ) ਪਰਮਾਤਮਾ ਵਿਚ ਸੁਰਤ ਜੋੜਿਆਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ।
44536	1040	ਅਕਲੁ ਗਾਇ ਜਮ ਤੇ ਕਿਆ ਡਰੀਐ॥	(ਅ-ਕਲੁ) ਕਲਪਣਾ ਰਹਿਤ ਬ੍ਰਹਮ	Akal Gaae Jam Thae Kiaa Ddareeai ||	Singing the Praises of the absolute Lord, why should anyone be afraid of death?	(ਇਕ-ਰਸ ਵਿਆਪਕ) ਅਖੰਡ ਪ੍ਰਭੂ ਦੀ ਸਿਫ਼ਤ-ਸਾਲਾਹ ਕੀਤਿਆਂ ਜਮ ਤੋਂ ਡਰਨ ਦੀ ਲੋੜ ਨਹੀਂ ਰਹਿ ਜਾਂਦੀ।
44537	1040	ਜਤ ਜਤ ਦੇਖਉ ਤਤ ਤਤ ਤੁਮ ਹੀ ਅਵਰੁ ਨ ਦੁਤੀਆ ਗਾਇਆ॥੩॥		Jath Jath Dhaekho Thath Thath Thum Hee Avar N Dhutheeaa Gaaeiaa ||3||	Wherever I look, I see only You; I do not sing of any other at all. ||3||	(ਹੇ ਪ੍ਰਭੂ! ਇਹ ਤੇਰੇ ਸਿਮਰਨ ਦਾ ਹੀ ਸਦਕਾ ਹੈ ਕਿ) ਮੈਂ ਜਿਧਰ ਜਿਧਰ ਵੇਖਦਾ ਹਾਂ ਉਧਰ ਉਧਰ ਤੂੰ ਹੀ ਤੂੰ ਦਿੱਸਦਾ ਹੈਂ। ਮੈਨੂੰ ਤੇਰੇ ਵਰਗਾ ਕੋਈ ਹੋਰ ਨਹੀਂ ਦਿੱਸਦਾ, ਮੈਂ ਤੇਰੀ ਹੀ ਸਿਫ਼ਤ-ਸਾਲਾਹ ਕਰਦਾ ਹਾਂ ॥੩॥
44538	1040	ਸਚੁ ਹਰਿ ਨਾਮੁ ਸਚੁ ਹੈ ਸਰਣਾ॥		Sach Har Naam Sach Hai Saranaa ||	True is the Lord's Name, and True is His Sanctuary.	ਪਰਮਾਤਮਾ ਦਾ ਨਾਮ ਸਦਾ-ਥਿਰ ਰਹਿਣ ਵਾਲਾ ਹੈ, ਉਸ ਦਾ ਆਸਰਾ-ਪਰਨਾ ਭੀ ਸਦਾ-ਥਿਰ ਰਹਿਣ ਵਾਲਾ ਹੈ।

44539	1040	ਸਚੁ ਗੁਰ ਸਬਦੁ ਜਿਤੈ ਲਗਿ ਤਰਣਾ॥	ਜਿਤੈ: ਪੋਲਾ ਬੋਲੋ	Sach Gur Sabadh Jithai Lag Tharanaa ||	True is the Word of the Guru's Shabad, grasping it, one is carries across.	ਗੁਰੂ ਦਾ ਸ਼ਬਦ (ਭੀ) ਸਦਾ-ਥਿਰ ਰਹਿਣ ਵਾਲਾ (ਵਸੀਲਾ ਹੈ), ਸ਼ਬਦ ਵਿਚ ਜੁੜ ਕੇ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘੀਦਾ ਹੈ।
44540	1040	ਅਕਥੁ ਕਥੈ ਦੇਖੈ ਅਪਰੰਪਰੁ ਫੁਨਿ ਗਰਭਿ ਨ ਜੋਨੀ ਜਾਇਆ॥੪॥	ਅ-ਕਥੁ: ਪੋਲਾ ਬੋਲੋ।ਅਪ-ਰੰਪਰੁ	Akathh Kathhai Dhaekhai Aparanpar Fun Garabh N Jonee Jaaeiaa ||4||	Speaking the Unspoken, one sees the Infinite Lord, and then, he does not have to enter the womb of reincarnation again. ||4||	ਪਰਮਾਤਮਾ ਦਾ ਸਰੂਪ ਬਿਆਨ ਤੋਂ ਪਰੇ ਹੈ, ਜੋ ਮਨੁੱਖ ਉਸ ਪਰੇ ਤੋਂ ਪਰੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ ਉਹ ਉਸ ਦਾ ਦਰਸ਼ਨ ਕਰ ਲੈਂਦਾ ਹੈ, ਉਹ ਮਨੁੱਖ ਫਿਰ ਗਰਭ-ਜੋਨਿ ਵਿਚ ਨਹੀਂ ਆਉਂਦਾ ॥੪॥
44541	1040	ਸਚ ਬਿਨੁ ਸਤੁ ਸੰਤੋਖੁ ਨ ਪਾਵੈ॥		Sach Bin Sath Santhokh N Paavai ||	Without the Truth, no one finds sincerity or contentment.	ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ (ਕੋਈ ਮਨੁੱਖ ਦੂਜਿਆਂ ਦੀ) ਸੇਵਾ ਤੇ ਸੰਤੋਖ (ਦਾ ਆਤਮਕ ਗੁਣ) ਪ੍ਰਾਪਤ ਨਹੀਂ ਕਰ ਸਕਦਾ।
44542	1040	ਬਿਨੁ ਗੁਰ ਮੁਕਤਿ ਨ ਆਵੈ ਜਾਵੈ॥		Bin Gur Mukath N Aavai Jaavai ||	Without the Guru, no one is liberated; coming and going in reincarnation continue.	ਗੁਰੂ ਦੀ ਸਰਨ ਤੋਂ ਬਿਨਾ ਵਿਕਾਰਾਂ ਤੋਂ ਖ਼ਲਾਸੀ ਨਹੀਂ ਮਿਲਦੀ, ਮਨੁੱਖ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ।

44543	1040	ਮੂਲ ਮੰਤ੍ਰੁ ਹਰਿ ਨਾਮੁ ਰਸਾਇਣੁ ਕਹੁ ਨਾਨਕ ਪੂਰਾ ਪਾਇਆ॥੫॥		Mool Manthra Har Naam Rasaaein Kahu Naanak Pooraa Paaeiaa ||5||	Chanting the Mool Mantra, and the Name of the Lord, the source of nectar, says Nanak, I have found the Perfect Lord. ||5||	ਹੇ ਨਾਨਕ! ਹਰੀ ਦਾ ਨਾਮ ਸਿਮਰ ਜੋ ਸਭ ਮੰਤ੍ਰਾਂ ਦਾ ਮੂਲ ਹੈ ਤੇ ਜੋ ਸਭ ਰਸਾਂ ਦਾ ਸੋਮਾ ਹੈ। (ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਨਾਮ ਸਿਮਰਦਾ ਹੈ) ਉਸ ਨੂੰ ਪੂਰਨ ਪ੍ਰਭੂ ਮਿਲ ਪੈਂਦਾ ਹੈ ॥੫॥
44544	1041	ਸਚ ਬਿਨੁ ਭਵਜਲੁ ਜਾਇ ਨ ਤਰਿਆ॥		Sach Bin Bhavajal Jaae N Thariaa ||	Without the Truth, the terrifying world-ocean cannot be crossed.	ਸਦਾ-ਥਿਰ ਪਰਮਾਤਮਾ ਦੇ ਨਾਮ ਸਿਮਰਨ ਤੋਂ ਬਿਨਾ ਇਸ ਸੰਸਾਰ-ਸਮੁੰਦਰ ਵਿਚੋਂ ਪਾਰ ਨਹੀਂ ਲੰਘ ਸਕੀਦਾ।
44545	1041	ਏਹੁ ਸਮੁੰਦੁ ਅਥਾਹੁ ਮਹਾ ਬਿਖੁ ਭਰਿਆ॥		Eaehu Samundh Athhaahu Mehaa Bikh Bhariaa ||	This ocean is vast and unfathomable; it is overflowing with the worst poison.	ਇਹ ਸੰਸਾਰ-ਸਮੁੰਦਰ ਬਹੁਤ ਹੀ ਡੂੰਘਾ ਹੈ ਤੇ (ਵਿਕਾਰਾਂ ਦੇ) ਜ਼ਹਿਰ ਨਾਲ ਭਰਿਆ ਹੋਇਆ ਹੈ।
44546	1041	ਰਹੈ ਅਤੀਤੁ ਗੁਰਮਤਿ ਲੇ ਊਪਰਿ ਹਰਿ ਨਿਰਭਉ ਕੈ ਘਰਿ ਪਾਇਆ॥੬॥		Rehai Atheeth Guramath Lae Oopar Har Nirabho Kai Ghar Paaeiaa ||6||	One who receives the Guru's Teachings, and remains aloof and detached, obtains a place in the home of the Fearless Lord. ||6||	ਜੇਹੜਾ ਮਨੁੱਖ ਗੁਰੂ ਦੀ ਮੱਤ ਲੈਂਦਾ ਹੈ ਉਹ ਵਿਕਾਰਾਂ ਤੋਂ ਨਿਰਲੇਪ ਰਹਿੰਦਾ ਹੈ ਉਹ ਜ਼ਹਿਰ-ਭਰੇ ਸਮੁੰਦਰ ਤੋਂ ਉਤਾਂਹ ਉਤਾਂਹ ਰਹਿੰਦਾ ਹੈ, ਉਸ ਨੂੰ ਪਰਮਾਤਮਾ ਲੱਭ ਪੈਂਦਾ ਹੈ ਤੇ ਉਹ ਅਜੇਹੇ (ਆਤਮਕ) ਟਿਕਾਣੇ ਵਿਚ ਪਹੁੰਚ ਜਾਂਦਾ ਹੈ ਜਿਥੇ ਉਹ ਵਿਕਾਰਾਂ ਦੇ ਡਰ-ਸਹਿਮ ਤੋਂ ਪਰੇ ਹੋ ਜਾਂਦਾ ਹੈ ॥੬॥

44547	1041	ਝੂਠੀ ਜਗ ਹਿਤ ਕੀ ਚਤੁਰਾਈ॥		Jhoothee Jag Hith Kee Chathuraaee ||	False is the cleverness of loving attachment to the world.	ਜਗਤ ਦੇ (ਪਦਾਰਥਾਂ ਦੇ) ਮੋਹ ਦੀ ਸਿਆਣਪ ਵਿਅਰਥ ਹੀ ਜਾਂਦੀ ਹੈ,
44548	1041	ਬਿਲਮ ਨ ਲਾਗੈ ਆਵੈ ਜਾਈ॥		Bilam N Laagai Aavai Jaaee ||	In no time at all, it comes and goes.	ਕਿਉਂਕਿ (ਜਗਤ ਦੀ ਮਾਇਆ ਦਾ ਸਾਥ ਮੁੱਕਦਿਆਂ) ਰਤਾ ਚਿਰ ਨਹੀਂ ਲੱਗਦਾ ਤੇ ਮਨੁੱਖ ਇਸ ਮੋਹ ਦੇ ਕਾਰਨ ਜਨਮ ਮਰਨ ਵਿਚ ਪੈ ਜਾਂਦਾ ਹੈ।
44549	1041	ਨਾਮੁ ਵਿਸਾਰਿ ਚਲਹਿ ਅਭਿਮਾਨੀ ਉਪਜੈ ਬਿਨਸਿ ਖਪਾਇਆ॥੭॥	ਚੱਲਹਿ	Naam Visaar Chalehi Abhimaanee Oupajai Binas Khapaaeiaa ||7||	Forgetting the Naam, the Name of the Lord, the proud egotistical people depart; in creation and destruction they are wasted away. ||7||	ਮਾਇਆ ਦਾ ਮਾਣ ਕਰਨ ਵਾਲੇ ਬੰਦੇ ਪਰਮਾਤਮਾ ਦਾ ਨਾਮ ਭੁਲਾ ਕੇ (ਇਥੋਂ ਖ਼ਾਲੀ ਹੱਥ) ਤੁਰ ਪੈਂਦੇ ਹਨ। (ਜੋ ਭੀ ਪ੍ਰਭੂ ਦਾ ਨਾਮ ਵਿਸਾਰਦਾ ਹੈ ਉਹ) ਜੰਮਦਾ ਹੈ ਮਰਦਾ ਹੈ ਜੰਮਦਾ ਹੈ ਮਰਦਾ ਹੈ ਤੇ ਖ਼ੁਆਰ ਹੁੰਦਾ ਹੈ ॥੭॥
44550	1041	ਉਪਜਹਿ ਬਿਨਸਹਿ ਬੰਧਨ ਬੰਧੇ॥		Oupajehi Binasehi Bandhhan Bandhhae ||	In creation and destruction, they are bound in bondage.	ਉਹ ਮਨੁੱਖ (ਮਾਇਆ ਮੋਹ ਦੇ) ਬੰਧਨਾਂ ਵਿਚ ਬੱਝੇ ਹੋਏ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ,
44551	1041	ਹਉਮੈ ਮਾਇਆ ਕੇ ਗਲਿ ਫੰਧੇ॥	ਗਲਿ: ਪੋਲਾ ਬੋਲੋ	Houmai Maaeiaa Kae Gal Fandhhae ||	The noose of egotism and Maya is around their necks.	ਜਿਨ੍ਹਾਂ ਬੰਦਿਆਂ ਦੇ ਗਲ ਵਿਚ ਹਉਮੈ ਤੇ ਮਾਇਆ ਦੇ ਮੋਹ ਦੇ ਫਾਹੇ ਪਏ ਰਹਿੰਦੇ ਹਨ।

44552	1041	ਜਿਸੁ ਰਾਮ ਨਾਮੁ ਨਾਹੀ ਮਤਿ ਗੁਰਮਤਿ ਸੋ ਜਮਪੁਰਿ ਬੰਧਿ ਚਲਾਇਆ॥੮॥		Jis Raam Naam Naahee Math Guramath So Jam Pur Bandhh Chalaaeiaa ||8||	Whoever does not accept the Guru's Teachings, and does not dwell upon the Lord's Name, is bound and bagged, and dragged into the City of Death. ||8||	ਜਿਸ ਮਨੁੱਖ ਨੂੰ ਸਤਿਗੁਰੂ ਦੀ ਮੱਤ ਦੀ ਰਾਹੀਂ ਪਰਮਾਤਮਾ ਦਾ ਨਾਮ ਪ੍ਰਾਪਤ ਨਹੀਂ ਹੋਇਆ, ਉਸ ਮੋਹ ਦੇ ਬੰਧਨਾਂ ਵਿਚ ਬੱਝ ਕੇ ਜਮ ਦੇ ਸ਼ਹਿਰ ਵਿਚ ਧੱਕਿਆ ਜਾਂਦਾ ਹੈ ॥੮॥
44553	1041	ਗੁਰ ਬਿਨੁ ਮੋਖ ਮੁਕਤਿ ਕਿਉ ਪਾਈਐ॥		Gur Bin Mokh Mukath Kio Paaeeai ||	Without the Guru, how can anyone be emancipated or liberated?	ਗੁਰੂ ਦੀ ਸਰਨ ਤੋਂ ਬਿਨਾ (ਹਉਮੈ ਮਾਇਆ ਦੇ ਬੰਧਨਾਂ ਤੋਂ) ਖ਼ਲਾਸੀ ਕਿਸੇ ਭੀ ਹਾਲਤ ਵਿਚ ਨਹੀਂ ਮਿਲ ਸਕਦੀ,
44554	1041	ਬਿਨੁ ਗੁਰ ਰਾਮ ਨਾਮੁ ਕਿਉ ਧਿਆਈਐ॥		Bin Gur Raam Naam Kio Dhhiaaeeai ||	Without the Guru, how can anyone meditate on the Lord's Name?	ਕਿਉਂਕਿ ਗੁਰੂ ਦੀ ਸਰਨ ਆਉਣ ਤੋਂ ਬਿਨਾ ਪਰਮਾਤਮਾ ਦਾ ਨਾਮ ਸਿਮਰਿਆ ਨਹੀਂ ਜਾ ਸਕਦਾ।
44555	1041	ਗੁਰਮਤਿ ਲੇਹੁ ਤਰਹੁ ਭਵ ਦੁਤਰੁ ਮੁਕਤਿ ਭਏ ਸੁਖੁ ਪਾਇਆ॥੯॥	ਦੁੱਤ-ਰੁ	Guramath Laehu Tharahu Bhav Dhuthar Mukath Bheae Sukh Paaeiaa ||9||	Accepting the Guru's Teachings, cross over the arduous, terrifying world-ocean; you shall be emancipated, and find peace. ||9||	ਗੁਰੂ ਦੀ ਮੱਤ ਤੇ ਤੁਰ ਕੇ (ਨਾਮ ਸਿਮਰੋ, ਇਸ ਤਰ੍ਹਾਂ) ਉਸ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘ ਜਾਵੋਗੇ ਜਿਸ ਵਿਚੋਂ ਪਾਰ ਲੰਘਣਾ ਬਹੁਤ ਹੀ ਔਖਾ ਹੈ। ਜੇਹੜੇ ਬੰਦੇ (ਨਾਮ ਸਿਮਰ ਕੇ) ਵਿਕਾਰਾਂ ਵਿਚੋਂ ਬੱਚ ਨਿਕਲੇ ਉਹਨਾਂ ਨੂੰ ਆਤਮਕ ਆਨੰਦ ਪ੍ਰਾਪਤ ਹੋ ਗਿਆ ॥੯॥

44556	1041	ਗੁਰਮਤਿ ਕ੍ਰਿਸਨਿ ਗੋਵਰਧਨ ਧਾਰੇ॥	ਜਮਨਾ ਕਿਨਾਰੇ ਮਥਰਾ ਪਾਸ ਗੋ-ਵਰਧਨ ਪਰਬਤ।	Guramath Kirasan Govaradhhan Dhhaarae ||	Through the Guru's Teachings, Krishna lifted up the mountain of Govardhan.	ਗੁਰੂ ਦੀ ਮੱਤ ਤੇ ਤੁਰ ਕੇ ਨਾਮ ਸਿਮਰਿਆਂ ਬੜੀ ਉੱਚੀ ਆਤਮਕ ਅਵਸਥਾ ਹਾਸਲ ਹੋ ਜਾਂਦੀ ਹੈ (ਬੜਾ ਆਤਮਕ ਬਲ ਪ੍ਰਾਪਤ ਹੋ ਜਾਂਦਾ ਹੈ) ਇਸੇ ਗੁਰਮੱਤ ਦੀ ਬਰਕਤਿ ਨਾਲ ਕ੍ਰਿਸ਼ਨ (ਜੀ) ਨੇ ਗੋਵਰਧਨ ਪਹਾੜ ਨੂੰ (ਉਂਗਲਾਂ ਤੇ) ਚੁੱਕ ਲਿਆ ਸੀ,
44557	1041	ਗੁਰਮਤਿ ਸਾਇਰਿ ਪਾਹਣ ਤਾਰੇ॥		Guramath Saaeir Paahan Thaarae ||	Through the Guru's Teachings, Rama floated stones across the ocean.	ਤੇ (ਸ੍ਰੀ ਰਾਮ ਚੰਦ੍ਰ ਜੀ ਨੇ) ਪੱਥਰ ਸਮੁੰਦਰ ਉੱਤੇ ਤਾਰ ਦਿੱਤੇ ਸਨ।
44558	1041	ਗੁਰਮਤਿ ਲੇਹੁ ਪਰਮਪਦੁ ਪਾਈਐ ਨਾਨਕ ਗੁਰਿ ਭਰਮੁ ਚੁਕਾਇਆ॥੧੦॥		Guramath Laehu Param Padh Paaeeai Naanak Gur Bharam Chukaaeiaa ||10||	Accepting the Guru's Teachings, the supreme status is obtained; O Nanak, the Guru eradicates doubt. ||10||	ਹੇ ਨਾਨਕ! (ਜੋ ਭੀ ਮਨੁੱਖ ਗੁਰੂ ਦੀ ਸਰਨ ਆਇਆ) ਗੁਰੂ ਨੇ ਉਸ ਦੀ ਭਟਕਣਾ ਮੁਕਾ ਦਿੱਤੀ ॥੧੦॥
44559	1041	ਗੁਰਮਤਿ ਲੇਹੁ ਤਰਹੁ ਸਚੁ ਤਾਰੀ॥		Guramath Laehu Tharahu Sach Thaaree ||	Accepting the Guru's Teachings, cross over to the other side through Truth.	ਗੁਰੂ ਦੀ ਮੱਤ ਗ੍ਰਹਿਣ ਕਰੋ ਤੇ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰੋ, ਇਸ ਤਰ੍ਹਾਂ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਤਾਰੀ ਤਰੋ।
44560	1041	ਆਤਮ ਚੀਨਹੁ ਰਿਦੈ ਮੁਰਾਰੀ॥		Aatham Cheenahu Ridhai Muraaree ||	O soul, remember the Lord within your heart.	ਆਪਣੇ ਆਤਮਕ ਜੀਵਨ ਨੂੰ ਗਹੁ ਨਾਲ ਵੇਖੋ ਤੇ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਓ।

44561	1041	ਜਮ ਕੇ ਫਾਹੇ ਕਾਟਹਿ ਹਰਿ ਜਪਿ ਅਕੁਲ ਨਿਰੰਜਨੁ ਪਾਇਆ॥੧੧॥	ਅ-ਕੁਲ: ਪੋਲਾ ਬੋਲੋ	Jam Kae Faahae Kaattehi Har Jap Akul Niranjan Paaeiaa ||11||	The noose of death is cut away, meditating on the Lord; you shall obtain the Immaculate Lord, who has no ancestry. ||11||	ਪਰਮਾਤਮਾ ਦਾ ਨਾਮ ਜਪ ਕੇ ਜਪ ਦੇ ਦੇਸ ਲੈ ਜਾਣ ਵਾਲੇ ਬੰਧਨ ਕੱਟੇ ਜਾਂਦੇ ਹਨ। ਜੇਹੜਾ ਭੀ ਮਨੁੱਖ ਨਾਮ ਜਪਦਾ ਹੈ ਉਸ ਨੂੰ ਉਹ ਪਰਮਾਤਮਾ ਮਿਲ ਪੈਂਦਾ ਹੈ ਜਿਸ ਦੀ ਕੋਈ ਖ਼ਾਸ ਕੁਲ ਨਹੀਂ ਹੈ ਤੇ ਜੋ ਮਾਇਆ ਦੇ ਪ੍ਰਭਾਵ ਤੋਂ ਉਤਾਂਹ ਹੈ ॥੧੧॥
44562	1041	ਗੁਰਮਤਿ ਪੰਚ ਸਖੇ ਗੁਰਭਾਈ॥		Guramath Panch Sakhae Gur Bhaaee ||	Through the Guru's Teachings, the Holy become one's friends and Siblings of Destiny.	ਗੁਰੂ ਦੀ ਮੱਤ ਤੇ ਤੁਰਿਆਂ ਸਤ ਸੰਤੋਖ ਆਦਿਕ ਪੰਜੇ ਮਨੁੱਖ ਦੇ ਆਤਮਕ ਸਾਥੀ ਬਣ ਜਾਂਦੇ ਹਨ ਗੁਰ-ਭਾਈ ਬਣ ਜਾਂਦੇ ਹਨ।
44563	1041	ਗੁਰਮਤਿ ਅਗਨਿ ਨਿਵਾਰਿ ਸਮਾਈ॥		Guramath Agan Nivaar Samaaee ||	Through the Guru's Teachings, the inner fire is subdued and extinguished.	ਗੁਰੂ ਦੀ ਮੱਤ ਤ੍ਰਿਸ਼ਨਾ ਦੀ ਅੱਗ ਨੂੰ ਦੂਰ ਕਰ ਕੇ ਪ੍ਰਭੂ ਦੇ ਨਾਮ ਵਿਚ ਜੋੜ ਦੇਂਦੀ ਹੈ।
44564	1041	ਮਨਿ ਮੁਖਿ ਨਾਮੁ ਜਪਹੁ ਜਗਜੀਵਨ ਰਿਦ ਅੰਤਰਿ ਅਲਖੁ ਲਖਾਇਆ॥੧੨॥	ਜੱਗਜੀਵਨ, ਅ-ਲਖੁ: ਪੋਲਾ ਬੋਲੋ	Man Mukh Naam Japahu Jagajeevan Ridh Anthar Alakh Lakhaaeiaa ||12||	Chant the Naam with your mind and mouth; know the unknowable Lord, the Life of the World, deep within the nucleus of your heart. ||12||	ਜਗਤ ਦੇ ਜੀਵਨ ਪ੍ਰਭੂ ਦਾ ਨਾਮ ਆਪਣੇ ਮਨ ਵਿਚ ਆਪਣੇ ਮੂੰਹ ਨਾਲ ਜਪਦੇ ਰਹੋ। (ਜੇਹੜਾ ਮਨੁੱਖ ਜਪਦਾ ਹੈ ਉਹ) ਆਪਣੇ ਹਿਰਦੇ ਵਿਚ ਅਦ੍ਰਿਸ਼ਟ ਪ੍ਰਭੂ ਦਾ ਦਰਸ਼ਨ ਕਰ ਲੈਂਦਾ ਹੈ ॥੧੨॥

44565	1041	ਗੁਰਮੁਖਿ ਬੂਝੈ ਸਬਦਿ ਪਤੀਜੈ॥		Guramukh Boojhai Sabadh Patheejai ||	The Gurmukh understands, and is pleased with the Word of the Shabad.	ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਇਹ ਜੀਵਨ-ਜੁਗਤਿ) ਸਮਝ ਲੈਂਦਾ ਹੈ ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਤਮਕ ਸ਼ਾਂਤੀ ਹਾਸਲ ਕਰ ਲੈਂਦਾ ਹੈ।
44566	1041	ਉਸਤਤਿ ਨਿੰਦਾ ਕਿਸ ਕੀ ਕੀਜੈ॥		Ousathath Nindhaa Kis Kee Keejai ||	Who does he praise or slander?	ਇਹ ਫਿਰ ਨਾਹ ਕਿਸੇ ਦੀ ਖ਼ੁਸ਼ਾਮਦ ਕਰਦਾ ਹੈ ਨਾਹ ਕਿਸੇ ਦੀ ਨਿੰਦਿਆ ਕਰਦਾ ਹੈ।
44567	1041	ਚੀਨਹੁ ਆਪੁ ਜਪਹੁ ਜਗਦੀਸਰੁ ਹਰਿ ਜਗੰਨਾਥੁ ਮਨਿ ਭਾਇਆ॥੧੩॥		Cheenahu Aap Japahu Jagadheesar Har Jagannaathh Man Bhaaeiaa ||13||	Know yourself, and meditate on the Lord of the Universe; let your mind be pleased with the Lord, the Master of the Universe. ||13||	ਆਪਣੇ ਆਤਮਕ ਜੀਵਨ ਨੂੰ ਪੜਤਾਲਦੇ ਰਹੋ, ਤੇ ਜਗਤ ਦੇ ਮਾਲਕ (ਦਾ ਨਾਮ) ਜਪਦੇ ਰਹੋ। (ਜੇਹੜਾ ਮਨੁੱਖ ਨਾਮ ਜਪਦਾ ਹੈ ਉਸ ਨੂੰ ਜਗਤ ਦਾ ਨਾਥ ਹਰੀ ਆਪਣੇ ਮਨ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ ॥੧੩॥
44568	1041	ਜੋ ਬ੍ਰਹਮੰਡਿ ਖੰਡਿ ਸੋ ਜਾਣਹੁ॥		Jo Brehamandd Khandd So Jaanahu ||	Know the One who pervades all the realms of the universe.	ਜੇਹੜਾ ਪਰਮਾਤਮਾ ਸਾਰੀ ਸ੍ਰਿਸ਼ਟੀ ਵਿਚ ਵੱਸਦਾ ਹੈ ਉਸ ਨੂੰ ਆਪਣੇ ਸਰੀਰ ਵਿਚ ਵੱਸਦਾ ਪਛਾਣੋ।
44569	1041	ਗੁਰਮੁਖਿ ਬੂਝਹੁ ਸਬਦਿ ਪਛਾਣਹੁ॥		Guramukh Boojhahu Sabadh Pashhaanahu ||	As Gurmukh, understand and realize the Shabad.	ਗੁਰੂ ਦੀ ਸਰਨ ਪੈ ਕੇ ਇਹ ਭੇਤ ਸਮਝੋ, ਗੁਰੂ ਦੇ ਸ਼ਬਦ ਵਿਚ ਜੁੜ ਕੇ ਇਸ ਅਸਲੀਅਤ ਨੂੰ ਪਛਾਣੋ।

44570	1041	ਘਟਿ ਘਟਿ ਭੋਗੇ ਭੋਗਣਹਾਰਾ ਰਹੈ ਅਤੀਤੁ ਸਬਾਇਆ॥੧੪॥		Ghatt Ghatt Bhogae Bhoganehaaraa Rehai Atheeth Sabaaeiaa ||14||	The Enjoyer enjoys each and every heart, and yet He remains detached from all. ||14||	ਦੁਨੀਆ ਦੇ ਸਾਰੇ ਪਦਾਰਥਾਂ ਨੂੰ ਮਾਣ ਸਕਣ ਵਾਲਾ ਪਰਮਾਤਮਾ ਹਰੇਕ ਸਰੀਰ ਵਿਚ ਵਿਆਪਕ ਹੋ ਕੇ ਸਾਰੇ ਭੋਗ ਭੋਗ ਰਿਹਾ ਹੈ, ਫਿਰ ਭੀ ਸਾਰੀ ਸ੍ਰਿਸ਼ਟੀ ਤੋਂ ਨਿਰਲੇਪ ਰਹਿੰਦਾ ਹੈ ॥੧੪॥
44571	1041	ਗੁਰਮਤਿ ਬੋਲਹੁ ਹਰਿ ਜਸੁ ਸੂਚਾ॥		Guramath Bolahu Har Jas Soochaa ||	Through the Guru's Teachings, chant the Pure Praises of the Lord.	ਗੁਰੂ ਦੀ ਮੱਤ ਦੀ ਰਾਹੀਂ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰੋ ਜੋ ਜੀਵਨ ਨੂੰ ਪਵਿੱਤ੍ਰ ਬਣਾ ਦੇਂਦੀ ਹੈ।
44572	1041	ਗੁਰਮਤਿ ਆਖੀ ਦੇਖਹੁ ਊਚਾ॥		Guramath Aakhee Dhaekhahu Oochaa ||	Through the Guru's Teachings, behold the lofty Lord with your eyes.	ਗੁਰੂ ਦੀ ਸਿੱਖਿਆ ਤੇ ਤੁਰ ਕੇ ਉਸ ਸਭ ਤੋਂ ਉੱਚੇ ਪਰਮਾਤਮਾ ਨੂੰ ਆਪਣੀਆਂ ਅੱਖਾਂ ਨਾਲ (ਅੰਦਰ ਬਾਹਰ ਹਰ ਥਾਂ) ਵੇਖੋ।
44573	1041	ਸ੍ਰਵਣੀ ਨਾਮੁ ਸੁਣੈ ਹਰਿ ਬਾਣੀ ਨਾਨਕ ਹਰਿ ਰੰਗਿ ਰੰਗਾਇਆ॥੧੫॥੩॥੨੦॥		Sravanee Naam Sunai Har Baanee Naanak Har Rang Rangaaeiaa ||15||3||20||	Whoever listens to the Lord's Name, and the Word of His Bani, O Nanak, is imbued with the color of the Lord's Love. ||15||3||20||	ਹੇ ਨਾਨਕ! ਜੇਹੜਾ ਮਨੁੱਖ ਆਪਣੇ ਕੰਨਾਂ ਨਾਲ ਪਰਮਾਤਮਾ ਦਾ ਨਾਮ ਸੁਣਦਾ ਹੈ ਪ੍ਰਭੂ ਦੀ ਸਿਫ਼ਤ-ਸਾਲਾਹ ਸੁਣਦਾ ਹੈ ਉਹ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਜਾਂਦਾ ਹੈ ॥੧੫॥੩॥੨੦॥
44574	1041	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	
44575	1041	ਕਾਮੁ ਕ੍ਰੋਧੁ ਪਰਹਰੁ ਪਰ ਨਿੰਦਾ॥		Kaam Krodhh Parehar Par Nindhaa ||	Leave behind sexual desire, anger and the slander of others.	(ਆਪਣੇ ਅੰਦਰੋਂ) ਕਾਮ ਕ੍ਰੋਧ ਤੇ ਪਰਾਈ ਨਿੰਦਿਆ ਦੂਰ ਕਰ,

44576	1041	ਲਬੁ ਲੋਭੁ ਤਜਿ ਹੋਹੁ ਨਿਚਿੰਦਾ॥	ਨਿ-ਚਿੰਦਾ	Lab Lobh Thaj Hohu Nichindhaa ||	Renounce greed and possessiveness, and become carefree.	ਲੱਬ ਅਤੇ ਲੋਭ ਤਿਆਗ ਕੇ ਨਿਸਚਿੰਤ ਹੋ ਜਾ (ਭਾਵ, ਜੇ ਤੂੰ ਕਾਮ, ਕ੍ਰੋਧ, ਪਰਾਈ ਨਿੰਦਿਆ, ਲੱਬ ਅਤੇ ਲੋਭ ਦੂਰ ਕਰ ਲਏਂਗਾ, ਤਾਂ ਤੇਰਾ ਮਨ ਹਰ ਵੇਲੇ ਸ਼ਾਂਤ ਰਹੇਗਾ)।
44577	1041	ਭ੍ਰਮ ਕਾ ਸੰਗਲੁ ਤੋੜਿ ਨਿਰਾਲਾ ਹਰਿ ਅੰਤਰਿ ਹਰਿ ਰਸੁ ਪਾਇਆ॥੧॥		Bhram Kaa Sangal Thorr Niraalaa Har Anthar Har Ras Paaeiaa ||1||	Break the chains of doubt, and remain unattached; you shall find the Lord, and the Lord's sublime essence, deep within yourself.||1||	ਜੇਹੜਾ ਮਨੁੱਖ (ਇਹਨਾਂ ਵਿਕਾਰਾਂ ਕਈ ਕਿਸਮਾਂ ਦੀਆਂ) ਭਟਕਣਾਂ ਦਾ ਜ਼ੰਜੀਰ ਤੋੜ ਕੇ ਨਿਰਲੇਪ ਹੋ ਜਾਂਦਾ ਹੈ ਉਹ ਪਰਮਾਤਮਾ ਨੂੰ ਆਪਣੇ ਅੰਦਰ ਹੀ ਲੱਭ ਲੈਂਦਾ ਹੈ, ਉਹ ਪਰਮਾਤਮਾ ਦਾ ਨਾਮ-ਰਸ ਪ੍ਰਾਪਤ ਕਰਦਾ ਹੈ ॥੧॥
44578	1041	ਨਿਸਿ ਦਾਮਨਿ ਜਿਉ ਚਮਕਿ ਚੰਦਾਇਣੁ ਦੇਖੈ॥		Nis Dhaaman Jio Chamak Chandhaaein Dhaekhai ||	As one sees the flash of lightning in the night,	ਜਿਵੇਂ ਰਾਤ ਵੇਲੇ ਬਿਜਲੀ ਦੀ ਚਮਕ ਨਾਲ ਮਨੁੱਖ (ਹਨੇਰੇ ਵਿਚ) ਚਾਨਣ ਵੇਖ ਲੈਂਦਾ ਹੈ,
44579	1041	ਅਹਿ ਨਿਸਿ ਜੋਤਿ ਨਿਰੰਤਰਿ ਪੇਖੈ॥		Ahinis Joth Niranthar Paekhai ||	see the Divine Light deep within your nucleus, day and night.	ਇਸੇ ਤਰ੍ਹਾਂ (ਗੁਰੂ ਦੀ ਸਰਨ ਪੈ ਕੇ ਸਿਮਰਨ ਦੀ ਬਰਕਤਿ ਨਾਲ) ਦਿਨ ਰਾਤ (ਹਰ ਵੇਲੇ) ਪਰਮਾਤਮਾ ਦੀ ਜੋਤਿ ਨੂੰ ਹਰ ਥਾਂ ਵਿਆਪਕ ਦੇਖ ਸਕਦਾ ਹੈ।
44580	1041	ਆਨੰਦ ਰੂਪੁ ਅਨੂਪੁ ਸਰੂਪਾ ਗੁਰਿ ਪੂਰੈ ਦੇਖਾਇਆ॥੨॥		Aanandh Roop Anoop Saroopaa Gur Poorai Dhaekhaaeiaa ||2||	The Lord, the embodiment of bliss, incomparably beautiful, reveals the Perfect Guru. ||2||	ਉਹ ਆਨੰਦ-ਰੂਪ ਤੇ ਸੁੰਦਰ-ਸਰੂਪ ਪ੍ਰਭੂ (ਜਿਸ ਕਿਸੇ ਨੇ ਵੇਖਿਆ ਹੈ) ਪੂਰੇ ਗੁਰੂ ਨੇ ਹੀ ਵਿਖਾਇਆ ਹੈ ॥੨॥

44581	1041	ਸਤਿਗੁਰ ਮਿਲਹੁ ਆਪੇ ਪ੍ਰਭੁ ਤਾਰੇ॥		Sathigur Milahu Aapae Prabh Thaarae ||	So meet with the True Guru, and God Himself will save you.	ਸਤਿਗੁਰੂ ਦੀ ਸਰਨ ਪਵੋ (ਜੇਹੜਾ ਮਨੁੱਖ ਗੁਰੂ ਨੂੰ ਮਿਲਦਾ ਹੈ ਉਸ ਨੂੰ) ਪਰਮਾਤਮਾ ਆਪ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ।
44582	1041	ਸਸਿ ਘਰਿ ਸੂਰੁ ਦੀਪਕੁ ਗੈਣਾਰੇ॥		Sas Ghar Soor Dheepak Gainaarae ||	He placed the lamps of the sun and the moon in the home of the sky.	ਉਸ ਦੇ ਸਾਂਤ ਹਿਰਦੇ ਵਿਚ ਗਿਆਨ ਦਾ ਪ੍ਰਕਾਸ਼ ਹੋ ਜਾਂਦਾ ਹੈ, ਉਸ ਦੇ ਹਿਰਦੇ-ਆਕਾਸ਼ ਵਿਚ (ਮਾਨੋ) ਦੀਵਾ ਜਗ ਪੈਂਦਾ ਹੈ।
44583	1041	ਦੇਖਿ ਅਦਿਸਟੁ ਰਹਹੁ ਲਿਵ ਲਾਗੀ ਸਭੁ ਤ੍ਰਿਭਵਣਿ ਬ੍ਰਹਮੁ ਸਬਾਇਆ॥੩॥		Dhaekh Adhisatt Rehahu Liv Laagee Sabh Thribhavan Breham Sabaaeiaa ||3||	See the invisible Lord, and remain absorbed in loving devotion. God is all throughout the three worlds.||3|| See the invisible Lord, and remain absorbed in loving devotion. God is all throughout the three worlds.||3|| See the invisible Lord, and remain	(ਆਪਣੇ ਅੰਦਰ) ਅਦ੍ਰਿਸ਼ਟ ਪ੍ਰਭੂ ਨੂੰ ਵੇਖ ਕੇ ਉਸ ਵਿਚ ਸੁਰਤ ਜੋੜੀ ਰੱਖੋ। (ਜੇਹੜਾ ਮਨੁੱਖ ਇਹ ਉੱਦਮ ਕਰਦਾ ਹੈ ਉਸ ਨੂੰ) ਹਰ ਥਾਂ ਸਾਰੇ ਤ੍ਰਿਭਵਣੀ ਜਗਤ ਵਿਚ ਪਰਮਾਤਮਾ ਹੀ ਪਰਮਾਤਮਾ ਦਿੱਸਦਾ ਹੈ ॥੩॥

44584	1041	ਅੰਮ੍ਰਿਤ ਰਸੁ ਪਾਏ ਤ੍ਰਿਸਨਾ ਭਉ ਜਾਏ॥		Anmrith Ras Paaeae Thrisanaa Bho Jaaeae ||	Obtaining the sublime ambrosial essence, desire and fear are dispelled.	ਜੇਹੜਾ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪ੍ਰਾਪਤ ਕਰਦਾ ਹੈ ਉਸ ਦੀ ਤ੍ਰਿਸ਼ਨਾ ਮੁੱਕ ਜਾਂਦੀ ਹੈ ਉਸ ਦਾ ਸਹਿਮ ਦੂਰ ਹੋ ਜਾਂਦਾ ਹੈ।
44585	1041	ਅਨਭਉ ਪਦੁ ਪਾਵੈ ਆਪੁ ਗਵਾਏ॥	ਅਨ-ਭਉ	Anabho Padh Paavai Aap Gavaaeae ||	The state of inspired illumination is obtained, and self-conceit is eradicated.	ਉਸ ਨੂੰ ਉਹ ਆਤਮਕ ਅਵਸਥਾ ਮਿਲ ਜਾਂਦੀ ਹੈ ਜਿਥੇ ਗਿਆਨ ਦਾ ਪ੍ਰਕਾਸ਼ ਹੁੰਦਾ ਹੈ, ਉਹ ਆਪਾ-ਭਾਵ ਦੂਰ ਕਰ ਲੈਂਦਾ ਹੈ।
44586	1041	ਊਚੀ ਪਦਵੀ ਊਚੋ ਊਚਾ ਨਿਰਮਲ ਸਬਦੁ ਕਮਾਇਆ॥੪॥		Oochee Padhavee Oocho Oochaa Niramal Sabadh Kamaaeiaa ||4||	The lofty and exalted state, the highest of the high is obtained, practicing the immaculate Word of the Shabad. ||4||	ਉਹ ਬੜੀ ਉੱਚੀ ਆਤਮਕ ਅਵਸਥਾ ਪਾ ਲੈਂਦਾ ਹੈ, ਉੱਚੇ ਤੋਂ ਉੱਚਾ ਆਤਮਕ ਦਰਜਾ ਹਾਸਲ ਕਰਦਾ ਹੈ, ਜੀਵਨ ਨੂੰ ਪਵਿੱਤ੍ਰ ਕਰਨ ਵਾਲਾ ਗੁਰ-ਸ਼ਬਦ ਉਹ ਮਨੁੱਖ ਆਪਣੇ ਅੰਦਰ ਕਮਾਂਦਾ ਹੈ (ਭਾਵ, ਗੁਰ-ਸ਼ਬਦ ਅਨੁਸਾਰ ਜੀਵਨ-ਘਾੜਤ ਘੜਦਾ ਹੈ) ॥੪॥
44587	1041	ਅਦ੍ਰਿਸਟ ਅਗੋਚਰੁ ਨਾਮੁ ਅਪਾਰਾ॥	ਅ-ਦ੍ਰਿਸਟਿ, ਅ-ਗੋਚਰੁ	Adhrisatt Agochar Naam Apaaraa ||	The Naam, the Name of the invisible and unfathomable Lord, is infinite.	ਅਦ੍ਰਿਸ਼ਟ ਤੇ ਬੇਅੰਤ ਪ੍ਰਭੂ ਦਾ ਨਾਮ ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ,
44588	1042	ਅਤਿ ਰਸੁ ਮੀਠਾ ਨਾਮੁ ਪਿਆਰਾ॥		Ath Ras Meethaa Naam Piaaraa ||	The sublime essence of the Beloved Naam is utterly sweet.	ਪਰ ਉਹ ਨਾਮ ਬੜਾ ਹੀ ਰਸੀਲਾ ਬੜਾ ਹੀ ਮਿੱਠਾ ਤੇ ਬੜਾ ਹੀ ਪਿਆਰਾ ਹੈ।

44589	1042	ਨਾਨਕ ਕਉ ਜੁਗਿ ਜੁਗਿ ਹਰਿ ਜਸੁ ਦੀਜੈ ਹਰਿ ਜਪੀਐ ਅੰਤੁ ਨ ਪਾਇਆ॥੫॥		Naanak Ko Jug Jug Har Jas Dheejai Har Japeeai Anth N Paaeiaa ||5||	O Lord, please bless Nanak with Your Praise in each and every age; meditating on the Lord, I cannot find His limits.||5||	(ਮੇਰੀ ਨਾਨਕ ਦੀ ਅਰਦਾਸ ਹੈ ਕਿ, ਹੇ ਪ੍ਰਭੂ! ਮੈਨੂੰ) ਨਾਨਕ ਨੂੰ ਸਦਾ ਹੀ ਆਪਣੀ ਸਿਫ਼ਤ-ਸਾਲਾਹ ਦੀ ਦਾਤ ਦੇਹ। (ਜਿਉਂ ਜਿਉਂ) ਪ੍ਰਭੂ ਦਾ ਨਾਮ ਜਪੀਏ (ਤਿਉਂ ਤਿਉਂ ਉਹ ਬੇਅੰਤ ਦਿੱਸਦਾ ਹੈ ਉਸ ਦੀਆਂ ਤਾਕਤਾਂ ਦਾ) ਅੰਤ ਨਹੀਂ ਲੱਭਿਆ ਜਾ ਸਕਦਾ ॥੫॥
44590	1042	ਅੰਤਰਿ ਨਾਮੁ ਪਰਾਪਤਿ ਹੀਰਾ॥		Anthar Naam Paraapath Heeraa ||	With the Naam deep within the nucleus of the self, the jewel is obtained.	ਜਿਸ ਮਨੁੱਖ ਦੇ ਅੰਦਰ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ ਜਿਸ ਨੂੰ ਨਾਮ-ਹੀਰਾ ਲੱਭ ਜਾਂਦਾ ਹੈ,
44591	1042	ਹਰਿ ਜਪਤੇ ਮਨੁ ਮਨ ਤੇ ਧੀਰਾ॥		Har Japathae Man Man Thae Dhheeraa ||	Meditating on the Lord, the mind is comforted and consoled by the mind itself.	ਪਰਮਾਤਮਾ ਦਾ ਨਾਮ ਸਿਮਰਦਿਆਂ ਸਿਮਰਦਿਆਂ ਉਸ ਦਾ ਮਨ ਅੰਦਰੋਂ ਹੀ ਧੀਰਜ-ਸ਼ਾਂਤੀ ਹਾਸਲ ਕਰ ਲੈਂਦਾ ਹੈ।
44592	1042	ਦੁਘਟ ਘਟ ਭਉ ਭੰਜਨੁ ਪਾਈਐ ਬਾਹੁੜਿ ਜਨਮਿ ਨ ਜਾਇਆ॥੬॥	ਦੁ-ਘਟ: ਪੋਲਾ ਬੋਲੋ	Dhughatt Ghatt Bho Bhanjan Paaeeai Baahurr Janam N Jaaeiaa ||6||	On that most difficult path, the Destroyer of fear is found, and one does not have to enter the womb of reincarnation again. ||6||	(ਸਿਮਰਨ ਦੀ ਬਰਕਤਿ ਨਾਲ) ਔਖੇ ਜੀਵਨ-ਪੰਧ ਦਾ ਡਰ ਨਾਸ ਕਰਨ ਵਾਲਾ ਪਰਮਾਤਮਾ ਮਿਲ ਪੈਂਦਾ ਹੈ (ਜਿਸ ਨੂੰ ਮਿਲ ਪੈਂਦਾ ਹੈ) ਉਹ ਮੁੜ ਜਨਮ ਵਿਚ ਨਹੀਂ ਆਉਂਦਾ ਉਹ ਮੁੜ ਜੰਮਣ-ਮਰਨ ਵਿਚ ਨਹੀਂ ਪੈਂਦਾ ॥੬॥

44593	1042	ਭਗਤਿ ਹੇਤਿ ਗੁਰ ਸਬਦਿ ਤਰੰਗਾ॥		Bhagath Haeth Gur Sabadh Tharangaa ||	Through the Word of the Guru's Shabad, inspiration for loving devotional worship wells up.	ਹੇ ਪ੍ਰਭੂ! ਮੈਂ ਇਹ ਮੰਗਦਾ ਹਾਂ ਕਿ ਗੁਰੂ ਦੇ ਸ਼ਬਦ ਵਿਚ ਜੁੜ ਕੇ ਤੇਰੀ ਭਗਤੀ ਕਰਨ ਵਾਸਤੇ ਮੇਰੇ ਅੰਦਰ ਉਤਸ਼ਾਹ ਪੈਦਾ ਹੋਵੇ।
44594	1042	ਹਰਿ ਜਸੁ ਨਾਮੁ ਪਦਾਰਥੁ ਮੰਗਾ॥		Har Jas Naam Padhaarathh Mangaa ||	I beg for the treasure of the Naam, and the Lord's Praise.	ਮੈਂ (ਤੇਰੇ ਦਰ ਤੋਂ) ਤੇਰੀ ਸਿਫ਼ਤ-ਸਾਲਾਹ (ਦੀ ਦਾਤਿ) ਮੰਗਦਾ ਹਾਂ, ਤੇਰੇ ਨਾਮ (ਦਾ) ਸਰਮਾਇਆ ਮੰਗਦਾ ਹਾਂ।
44595	1042	ਹਰਿ ਭਾਵੈ ਗੁਰ ਮੇਲਿ ਮਿਲਾਏ ਹਰਿ ਤਾਰੇ ਜਗਤੁ ਸਬਾਇਆ॥੭॥	ਜੱਗਤੁ	Har Bhaavai Gur Mael Milaaeae Har Thaarae Jagath Sabaaeiaa ||7||	When it pleases the Lord, He unites me in Union with the Guru; the Lord saves the whole world.||7||	(ਜੇਹੜਾ ਵਡ-ਭਾਗੀ ਜੀਵ) ਪਰਮਾਤਮਾ ਨੂੰ ਚੰਗਾ ਲੱਗਦਾ ਹੈ ਉਸ ਨੂੰ ਉਹ ਗੁਰੂ ਦੀ ਸੰਗਤ ਵਿਚ ਮਿਲਾਂਦਾ ਹੈ। ਪਰਮਾਤਮਾ (ਚਾਹੇ ਤਾਂ) ਸਾਰੇ ਜਗਤ ਨੂੰ (ਵਿਕਾਰਾਂ ਦੇ ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੭॥
44596	1042	ਜਿਨਿ ਜਪੁ ਜਪਿਓ ਸਤਿਗੁਰ ਮਤਿ ਵਾਕੇ॥	(ਵਾਕੇ) ਵਾਕਾਂ ਅਨੁਸਾਰ	Jin Jap Japiou Sathigur Math Vaa Kae ||	One who chants the Lord's Chant, attains the Wisdom of the True Guru.	ਜਿਸ ਮਨੁੱਖ ਨੇ ਪਰਮਾਤਮਾ ਦੇ ਨਾਮ ਦਾ ਜਾਪ ਜਪਿਆ ਹੈ ਸਤਿਗੁਰੂ ਦੀ ਸਿੱਖਿਆ ਨੇ (ਸਮਝੋ) ਉਸ ਦੇ ਅੰਦਰ ਘਰ ਕਰ ਲਿਆ ਹੈ।
44597	1042	ਜਮਕੰਕਰ ਕਾਲੁ ਸੇਵਕ ਪਗ ਤਾ ਕੇ॥	ਪਗ: ਪੋਲਾ ਬੋਲੋ	Jamakankar Kaal Saevak Pag Thaa Kae ||	The tyrant, the Messenger of Death, becomes a servant at his feet.	ਕਾਲ ਅਤੇ ਜਮ ਦੇ ਸੇਵਕ ਉਸ ਦੇ ਚਰਨਾਂ ਦੇ ਦਾਸ ਬਣ ਗਏ ਹਨ।

44598	1042	ਊਤਮ ਸੰਗਤਿ ਗਤਿ ਮਿਤਿ ਊਤਮ ਜਗੁ ਭਉਜਲੁ ਪਾਰਿ ਤਰਾਇਆ॥੮॥	ਜੱਗੁ	Ootham Sangath Gath Mith Ootham Jag Bhoujal Paar Tharaaeiaa ||8||	In the noble congregation of the Sangat, one's state and way of life become noble as well, and one crosses over the terrifying world-ocean. ||8||	ਉਸ ਦੀ ਸੰਗਤ (ਹੋਰਨਾਂ ਨੂੰ ਭੀ) ਸ੍ਰੇਸ਼ਟ ਬਣਾ ਦੇਂਦੀ ਹੈ, ਉਸ ਦੀ ਆਤਮਕ ਅਵਸਥਾ ਉੱਚੀ ਹੋ ਜਾਂਦੀ ਹੈ, ਉਸ ਦੀ ਰਹਿਣੀ-ਬਹਿਣੀ ਉੱਚੀ ਹੋ ਜਾਂਦੀ ਹੈ। ਉਹ ਹੋਰਨਾਂ ਨੂੰ ਭੀ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ॥੮॥
44599	1042	ਇਹੁ ਭਵਜਲੁ ਜਗਤੁ ਸਬਦਿ ਗੁਰ ਤਰੀਐ॥	ਜੱਗਤੁ	Eihu Bhavajal Jagath Sabadh Gur Thareeai ||	Through the Shabad, one crosses over this terrifying world-ocean.	ਗੁਰੂ ਦੇ ਸ਼ਬਦ ਵਿਚ ਜੁੜ ਕੇ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ।
44600	1042	ਅੰਤਰ ਕੀ ਦੁਬਿਧਾ ਅੰਤਰਿ ਜਰੀਐ॥		Anthar Kee Dhubidhhaa Anthar Jareeai ||	The duality within is burnt away from within.	(ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮਨੁੱਖ ਦੀ) ਅੰਦਰਲੀ ਅਸ਼ਾਂਤੀ ਅੰਦਰ ਹੀ ਸੜ ਜਾਂਦੀ ਹੈ।
44601	1042	ਪੰਚ ਬਾਣ ਲੇ ਜਮ ਕਉ ਮਾਰੈ ਗਗਨੰਤਰਿ ਧਣਖੁ ਚੜਾਇਆ॥੯॥	ਚੜ੍ਹਾਇਆ	Panch Baan Lae Jam Ko Maarai Gaganathar Dhhanakh Charraaeiaa ||9||	Taking up the five arrows of virtue, Death is killed, drawing the Bow of the Tenth Gate in the Mind's Sky. ||9||	ਉਹ ਮਨੁੱਖ ਆਪਣੇ ਚਿੱਤ-ਆਕਾਸ਼ ਵਿਚ (ਗੁਰੂ ਦੇ ਸ਼ਬਦ ਰੂਪ) ਧਨੁਖ ਨੂੰ ਅਜੇਹਾ ਕੱਸਦਾ ਹੈ ਕਿ (ਸਤ, ਸੰਤੋਖ, ਦਇਆ, ਧਰਮ, ਧੀਰਜ ਦੇ) ਪੰਜ ਤੀਰ ਲੈ ਕੇ ਜਮ ਨੂੰ (ਮੌਤ ਦੇ ਡਰ ਨੂੰ, ਆਤਮਕ ਮੌਤ ਨੂੰ) ਮਾਰ ਲੈਂਦਾ ਹੈ ॥੯॥

44602	1042	ਸਾਕਤ ਨਰਿ ਸਬਦ ਸੁਰਤਿ ਕਿਉ ਪਾਈਐ॥		Saakath Nar Sabadh Surath Kio Paaeeai ||	How can the faithless cynics attain enlightened awareness of the Shabad?	ਪਰ ਮਾਇਆ-ਵੇੜ੍ਹੇ ਮਨੁੱਖ ਦੇ ਅੰਦਰ ਗੁਰੂ ਦੇ ਸ਼ਬਦ ਦੀ ਲਗਨ ਹੀ ਪੈਦਾ ਨਹੀਂ ਹੁੰਦੀ,
44603	1042	ਸਬਦ ਸੁਰਤਿ ਬਿਨੁ ਆਈਐ ਜਾਈਐ॥		Sabadh Surath Bin Aaeeai Jaaeeai ||	Without awareness of the Shabad, they come and go in reincarnation.	ਸ਼ਬਦ ਦੀ ਲਗਨ ਤੋਂ ਬਿਨਾ (ਮਾਇਆ ਦੇ ਮੋਹ ਵਿਚ ਫਸ ਕੇ) ਉਹ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ।
44604	1042	ਨਾਨਕ ਗੁਰਮੁਖਿ ਮੁਕਤਿ ਪਰਾਇਣੁ ਹਰਿ ਪੂਰੈ ਭਾਗਿ ਮਿਲਾਇਆ॥੧੦॥		Naanak Guramukh Mukath Paraaein Har Poorai Bhaag Milaaeiaa ||10||	O Nanak, the Gurmukh obtains the support of liberation; by perfect destiny, he meets the Lord. ||10||	ਹੇ ਨਾਨਕ! ਗੁਰੂ ਦੀ ਸਰਨ ਪੈਣਾ ਹੀ (ਮਾਇਆ ਦੇ ਮੋਹ ਤੋਂ) ਖ਼ਲਾਸੀ ਦਾ ਵਸੀਲਾ ਹੈ, ਤੇ ਪਰਮਾਤਮਾ ਪੂਰੀ ਕਿਸਮਤ ਨਾਲ ਹੀ ਗੁਰੂ ਮਿਲਾਂਦਾ ਹੈ ॥੧੦॥
44605	1042	ਨਿਰਭਉ ਸਤਿਗੁਰੁ ਹੈ ਰਖਵਾਲਾ॥		Nirabho Sathigur Hai Rakhavaalaa ||	The Fearless True Guru is our Savior and Protector.	ਨਿਰਭਉ (ਪਰਮਾਤਮਾ ਦਾ ਰੂਪ) ਸਤਿਗੁਰੂ (ਜਿਸ ਮਨੁੱਖ ਦਾ) ਰਾਖਾ ਬਣਦਾ ਹੈ।
44606	1042	ਭਗਤਿ ਪਰਾਪਤਿ ਗੁਰ ਗੋਪਾਲਾ॥		Bhagath Paraapath Gur Gopaalaa ||	Devotional worship is obtained through the Guru, the Lord of the world.	ਉਸ ਨੂੰ ਗੁਰੂ ਪਾਸੋਂ ਪਰਮਾਤਮਾ ਦੀ ਭਗਤੀ (ਦੀ ਦਾਤਿ) ਮਿਲ ਜਾਂਦੀ ਹੈ।

44607	1042	ਧੁਨਿ ਅਨੰਦ ਅਨਾਹਦੁ ਵਾਜੈ ਗੁਰ ਸਬਦਿ ਨਿਰੰਜਨੁ ਪਾਇਆ॥੧੧॥		Dhhun Anandh Anaahadh Vaajai Gur Sabadh Niranjan Paaeiaa ||11||	The blissful music of the unstruck sound current vibrates and resounds; through the Word of the Guru's Shabad, the Immaculate Lord is obtained. ||11||	ਉਸ ਮਨੁੱਖ ਦੇ ਅੰਦਰ ਆਤਮਕ ਆਨੰਦ ਦੀ ਇਕ-ਰਸ ਰੌ ਚੱਲ ਪੈਂਦੀ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਮਨੁੱਖ ਉਸ ਪਰਮਾਤਮਾ ਨੂੰ ਮਿਲ ਪੈਂਦਾ ਹੈ ਜਿਸ ਉਤੇ ਮਾਇਆ ਦਾ ਪ੍ਰਭਾਵ ਨਹੀਂ ਪੈ ਸਕਦਾ ॥੧੧॥
44608	1042	ਨਿਰਭਉ ਸੋ ਸਿਰਿ ਨਾਹੀ ਲੇਖਾ॥		Nirabho So Sir Naahee Laekhaa ||	He alone is fearless, who has no destiny written on His head.	ਪਰਮਾਤਮਾ ਨੂੰ ਕੋਈ ਡਰ ਵਿਆਪ ਨਹੀਂ ਸਕਦਾ ਕਿਉਂਕਿ ਉਸ ਦੇ ਸਿਰ ਉਤੇ ਕਿਸੇ ਹੋਰ ਦਾ ਹੁਕਮ ਨਹੀਂ ਹੈ।
44609	1042	ਆਪਿ ਅਲੇਖੁ ਕੁਦਰਤਿ ਹੈ ਦੇਖਾ॥		Aap Alaekh Kudharath Hai Dhaekhaa ||	God Himself is unseen; He reveals Himself through His wondrous creative power.	ਉਹ ਪ੍ਰਭੂ ਆਪ ਅਲੇਖ ਹੈ (ਭਾਵ, ਕੋਈ ਹੋਰ ਵਿਅਕਤੀ ਉਸ ਪਾਸੋਂ ਕੀਤੇ ਕਰਮਾਂ ਦਾ ਹਿਸਾਬ ਨਹੀਂ ਮੰਗ ਸਕਦਾ)। ਆਪਣੀ ਰਚੀ ਸਾਰੀ ਕੁਦਰਤਿ ਵਿਚ ਉਹ ਹੀ ਵਿਆਪਕ ਦਿੱਸ ਰਿਹਾ ਹੈ।
44610	1042	ਆਪਿ ਅਤੀਤੁ ਅਜੋਨੀ ਸੰਭਉ ਨਾਨਕ ਗੁਰਮਤਿ ਸੋ ਪਾਇਆ॥੧੨॥		Aap Atheeth Ajonee Sanbho Naanak Guramath So Paaeiaa ||12||	He Himself is unattached, unborn and self-existent. O Nanak, through the Guru's Teachings, He is found. ||12||	(ਸਾਰੀ ਕੁਦਰਤਿ ਵਿਚ ਵਿਆਪਕ ਹੁੰਦਿਆਂ ਭੀ) ਉਹ ਨਿਰਲੇਪ ਹੈ, ਜੂਨਾਂ ਤੋਂ ਰਹਿਤ ਹੈ, ਤੇ ਆਪਣੇ ਆਪ ਤੋਂ ਹੀ ਪਰਗਟ ਹੋਣ ਦੀ ਤਾਕਤ ਰੱਖਦਾ ਹੈ। ਹੇ ਨਾਨਕ! ਗੁਰੂ ਦੀ ਮੱਤ ਤੇ ਤੁਰਿਆਂ ਹੀ ਉਹ ਪਰਮਾਤਮਾ ਲੱਭਦਾ ਹੈ ॥੧੨॥

44611	1042	ਅੰਤਰ ਕੀ ਗਤਿ ਸਤਿਗੁਰੁ ਜਾਣੈ॥		Anthar Kee Gath Sathigur Jaanai ||	The True Guru knows the state of one's inner being.	ਜੇਹੜਾ ਮਨੁੱਖ ਸਤਿਗੁਰੂ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ ਉਹ ਆਪਣੀ ਅੰਦਰਲੀ ਆਤਮਕ ਹਾਲਤ ਨੂੰ ਸਮਝਣ ਲੱਗ ਪੈਂਦਾ ਹੈ।
44612	1042	ਸੋ ਨਿਰਭਉ ਗੁਰ ਸਬਦਿ ਪਛਾਣੈ॥		So Nirabho Gur Sabadh Pashhaanai ||	He alone is fearless, who realizes the Word of the Guru's Shabad.	ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਨਿਰਭਉ ਪਰਮਾਤਮਾ ਨੂੰ (ਹਰ ਥਾਂ ਵੱਸਦਾ) ਪਛਾਣ ਲੈਂਦਾ ਹੈ।
44613	1042	ਅੰਤਰੁ ਦੇਖਿ ਨਿਰੰਤਰਿ ਬੂਝੈ ਅਨਤ ਨ ਮਨੁ ਡੋਲਾਇਆ॥੧੩॥		Anthar Dhaekh Niranthar Boojhai Anath N Man Ddolaaeiaa ||13||	He looks within his own inner being, and realizes the Lord within all; his mind does not waver at all. ||13||	ਉਹ ਮਨੁੱਖ ਆਪਣਾ ਅੰਦਰਲਾ (ਹਿਰਦਾ) ਪਰਖ ਕੇ ਪ੍ਰਭੂ ਨੂੰ ਇਕ-ਰਸ ਸਭ ਥਾਂ ਵਿਆਪਕ ਸਮਝਦਾ ਹੈ, (ਇਸ ਵਾਸਤੇ) ਉਸ ਦਾ ਮਨ ਕਿਸੇ ਹੋਰ (ਆਸਰੇ ਦੀ ਝਾਕ) ਵਲ ਨਹੀਂ ਡੋਲਦਾ ॥੧੩॥
44614	1042	ਨਿਰਭਉ ਸੋ ਅਭ ਅੰਤਰਿ ਵਸਿਆ॥		Nirabho So Abh Anthar Vasiaa ||	He alone is fearless, within whose being the Lord abides.	ਨਿਰਭਉ ਪਰਮਾਤਮਾ ਉਸ ਮਨੁੱਖ ਦੇ ਹਿਰਦੇ ਵਿਚ ਪਰਗਟ ਹੋ ਜਾਂਦਾ ਹੈ,
44615	1042	ਅਹਿ ਨਿਸਿ ਨਾਮਿ ਨਿਰੰਜਨ ਰਸਿਆ॥		Ahinis Naam Niranjan Rasiaa ||	Day and night, he is delighted with the Immaculate Naam, the Name of the Lord.	ਜਿਸ ਮਨੁੱਖ ਦਾ ਹਿਰਦਾ ਦਿਨ ਰਾਤ ਮਾਇਆ-ਰਹਿਤ ਪ੍ਰਭੂ ਦੇ ਨਾਮ ਵਿਚ ਰਸਿਆ ਰਹਿੰਦਾ ਹੈ।

44616	1042	ਨਾਨਕ ਹਰਿ ਜਸੁ ਸੰਗਤਿ ਪਾਈਐ ਹਰਿ ਸਹਜੇ ਸਹਜਿ ਮਿਲਾਇਆ॥੧੪॥		Naanak Har Jas Sangath Paaeeai Har Sehajae Sehaj Milaaeiaa ||14||	O Nanak, in the Sangat, the Holy Congregation, the Lord's Praise is obtained, and one easily, intuitively meets the Lord. ||14||	ਹੇ ਨਾਨਕ! ਉਸ ਪਰਮਾਤਮਾ ਦੀ ਸਿਫ਼ਤ-ਸਾਲਾਹ ਸੰਗਤ (ਵਿਚ ਬੈਠਿਆਂ) ਮਿਲਦੀ ਹੈ। (ਸਿਫ਼ਤ-ਸਾਲਾਹ ਕਰਨ ਵਾਲੇ ਬੰਦੇ ਨੂੰ) ਪਰਮਾਤਮਾ ਅਡੋਲ ਆਤਮਕ ਅਵਸਥਾ ਵਿਚ ਮਿਲਾਈ ਰੱਖਦਾ ਹੈ ॥੧੪॥
44617	1042	ਅੰਤਰਿ ਬਾਹਰਿ ਸੋ ਪ੍ਰਭੁ ਜਾਣੈ॥	ਬਾ-ਹਰਿ	Anthar Baahar So Prabh Jaanai ||	One who knows God, within the self and beyond,	(ਸਿਫ਼ਤ-ਸਾਲਾਹ ਕਰਨ ਵਾਲਾ ਬੰਦਾ) ਉਸ ਪਰਮਾਤਮਾ ਨੂੰ ਆਪਣੇ ਅੰਦਰ ਤੇ ਬਾਹਰ (ਸਾਰੀ ਸ੍ਰਿਸ਼ਟੀ ਵਿਚ) ਵਿਆਪਕ ਸਮਝਦਾ ਹੈ।
44618	1042	ਰਹੈ ਅਲਿਪਤੁ ਚਲਤੇ ਘਰਿ ਆਣੈ॥	ਅ-ਲਿਪਤੁ, ਚੱਲਤੇ	Rehai Alipath Chalathae Ghar Aanai ||	Remains detached, and brings his wandering mind back to its home.	ਉਹ ਮਾਇਆ ਦੇ ਮੋਹ ਤੋਂ ਨਿਰਲੇਪ ਰਹਿੰਦਾ ਹੈ, ਤੇ (ਮਾਇਆ ਵਲ) ਦੌੜਦੇ (ਮਨ) ਨੂੰ (ਮੋੜ ਕੇ ਆਪਣੇ) ਅੰਦਰ ਹੀ ਲੈ ਆਉਂਦਾ ਹੈ।
44619	1042	ਊਪਰਿ ਆਦਿ ਸਰਬ ਤਿਹੁ ਲੋਈ ਸਚੁ ਨਾਨਕ ਅੰਮ੍ਰਿਤ ਰਸੁ ਪਾਇਆ॥੧੫॥੪॥੨੧॥		Oopar Aadh Sarab Thihu Loee Sach Naanak Anmrith Ras Paaeiaa ||15||4||21||	The True Primal Lord is over all the three worlds; O Nanak, His Ambrosial Nectar is obtained. ||15||4||21||	ਹੇ ਨਾਨਕ! ਉਸ ਮਨੁੱਖ ਨੂੰ ਸਦਾ-ਥਿਰ ਪਰਮਾਤਮਾ ਸਭ ਜੀਵਾਂ ਉਤੇ ਰਾਖਾ ਸਭ ਦਾ ਮੂਲ ਤੇ ਤਿੰਨਾਂ ਭਵਨਾਂ ਵਿਚ ਵਿਆਪਕ ਦਿੱਸਦਾ ਹੈ। ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਹਾਸਲ ਕਰ ਲੈਂਦਾ ਹੈ ॥੧੫॥੪॥੨੧॥
44620	1042	ਮਾਰੂ ਮਹਲਾ ੧॥		Maaroo Mehalaa 1 ||	Maaroo, First Mehl:	

44621	1042	ਕੁਦਰਤਿ ਕਰਨੈਹਾਰ ਅਪਾਰਾ॥		Kudharath Karanaihaar Apaaraa ||	The Creator Lord is infinite; His creative power is wondrous.	ਇਸ ਸਾਰੀ ਸ੍ਰਿਸ਼ਟੀ ਦਾ ਰਚਣ ਵਾਲਾ ਪਰਮਾਤਮਾ ਬੇਅੰਤ ਹੈ (ਉਸ ਦੀਆਂ ਤਾਕਤਾਂ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ।
44622	1042	ਕੀਤੇ ਕਾ ਨਾਹੀ ਕਿਹੁ ਚਾਰਾ॥	(ਕਿਹੁ) ਕੋਈ	Keethae Kaa Naahee Kihu Chaaraa ||	Created beings have no power over Him.	ਕੋਈ ਜੀਵ ਉਸ ਦੀ ਤਾਕਤ ਦੇ ਅੱਗੇ ਅੜਨਾ ਚਾਹੇ, ਤਾਂ) ਉਸ ਦੇ ਪੈਦਾ ਕੀਤੇ ਹੋਏ ਜੀਵ ਦੀ ਪੇਸ਼ ਨਹੀਂ ਜਾ ਸਕਦੀ।
44623	1042	ਜੀਅ ਉਪਾਇ ਰਿਜਕੁ ਦੇ ਆਪੇ ਸਿਰਿ ਸਿਰਿ ਹੁਕਮੁ ਚਲਾਇਆ॥੧॥	ਚੱਲਾਇਆ	Jeea Oupaae Rijak Dhae Aapae Sir Sir Hukam Chalaaeiaa ||1||	He formed the living beings, and He Himself sustains them; the Hukam of His Command controls each and every one. ||1||	ਉਹ ਪਰਮਾਤਮਾ ਸਾਰੇ ਜੀਵ ਪੈਦਾ ਕਰ ਕੇ ਆਪ ਹੀ (ਸਭਨਾਂ ਨੂੰ) ਰਿਜ਼ਕ ਦੇਂਦਾ ਹੈ ਤੇ ਆਪ ਹੀ ਹਰੇਕ ਉਤੇ ਆਪਣਾ ਹੁਕਮ ਚਲਾ ਰਿਹਾ ਹੈ (ਹਰੇਕ ਨੂੰ ਆਪਣੇ ਹੁਕਮ ਵਿਚ ਤੋਰ ਰਿਹਾ ਹੈ) ॥੧॥
44624	1042	ਹੁਕਮੁ ਚਲਾਇ ਰਹਿਆ ਭਰਪੂਰੇ॥		Hukam Chalaae Rehiaa Bharapoorae ||	The all-pervading Lord orchestrates all through His Hukam.	ਪਰਮਾਤਮਾ (ਸਾਰੀ ਸ੍ਰਿਸ਼ਟੀ ਵਿਚ ਆਪਣਾ) ਹੁਕਮ ਵਰਤਾ ਰਿਹਾ ਹੈ, ਤੇ ਸਾਰੀ ਹੀ ਸ੍ਰਿਸ਼ਟੀ ਵਿਚ ਪੂਰਨ ਤੌਰ ਤੇ ਵਿਆਪਕ ਹੈ।
44625	1042	ਕਿਸੁ ਨੇੜੈ ਕਿਸੁ ਆਖਾਂ ਦੂਰੇ॥		Kis Naerrai Kis Aakhaan Dhoorae ||	Who is near, and who is far away?	ਮੈਂ ਕੀਹ ਦੱਸਾਂ ਕਿ ਕਿਸ ਤੋਂ ਉਹ ਨੇੜੇ ਹੈ ਤੇ ਕਿਸ ਤੋਂ ਦੂਰ? (ਭਾਵ, ਪਰਮਾਤਮਾ ਹਰੇਕ ਜੀਵ ਦੇ ਅੰਦਰ ਭੀ ਵੱਸ ਰਿਹਾ ਹੈ ਤੇ ਨਿਰਲੇਪ ਭੀ ਹੈ)।

44626	1042	ਗੁਪਤ ਪ੍ਰਗਟ ਹਰਿ ਘਟਿ ਘਟਿ ਦੇਖਹੁ ਵਰਤੈ ਤਾਕੁ ਸਬਾਇਆ॥੨॥		Gupath Pragatt Har Ghatt Ghatt Dhaekhahu Varathai Thaak Sabaaeiaa ||2||	Behold the Lord, both hidden and manifest, in each and every heart; the unique Lord is permeating all. ||2||	ਹਰੇਕ ਸਰੀਰ ਵਿਚ ਹਰੀ ਨੂੰ ਗੁਪਤ ਭੀ ਤੇ ਪਰਗਟ ਭੀ ਵੱਸਦਾ ਵੇਖੋ। ਉਹ ਸਾਰੀ ਰਚਨਾ ਵਿਚ ਇਕ ਆਪ ਹੀ ਆਪ ਮੌਜੂਦ ਹੈ ॥੨॥
44627	1042	ਜਿਸ ਕਉ ਮੇਲੇ ਸੁਰਤਿ ਸਮਾਏ॥		Jis Ko Maelae Surath Samaaeae ||	One whom the Lord unites with Himself, merges in conscious awareness.	ਜਿਸ ਜੀਵ ਨੂੰ ਪਰਮਾਤਮਾ ਆਪਣੇ ਨਾਲ ਮਿਲਾਂਦਾ ਹੈ ਉਸ ਦੀ ਸੁਰਤ (ਪ੍ਰਭੂ-ਚਰਨਾਂ ਵਿਚ) ਜੁੜਦੀ ਹੈ,
44628	1042	ਗੁਰ ਸਬਦੀ ਹਰਿ ਨਾਮੁ ਧਿਆਏ॥		Gur Sabadhee Har Naam Dhhiaaeae ||	Through the Word of the Guru's Shabad, meditate on the Lord's Name.	ਉਹ ਜੀਵ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰਦਾ ਹੈ।
44629	1042	ਆਨਦ ਰੂਪ ਅਨੂਪ ਅਗੋਚਰ ਗੁਰ ਮਿਲਿਐ ਭਰਮੁ ਜਾਇਆ॥੩॥		Aanadh Roop Anoop Agochar Gur Miliai Bharam Jaaeiaa ||3||	God is the embodiment of bliss, incomparably beautiful and unfathomable; meeting with the Guru, doubt is dispelled. ||3||	ਉਹ ਨੂੰ ਹਰ ਥਾਂ ਉਹ ਪਰਮਾਤਮਾ ਦਿੱਸਦਾ ਹੈ ਜੋ ਆਨੰਦ-ਸਰੂਪ ਹੈ ਜੋ ਬੇ-ਮਿਸਾਲ ਹੈ ਤੇ ਜਿਸ ਤਕ ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਗੁਰੂ ਦੀ ਸਰਨ ਪੈਣ ਕਰਕੇ ਉਸ ਦੀ ਭਟਕਣਾ ਦੂਰ ਹੋ ਜਾਂਦੀ ਹੈ ॥੩॥
44630	1042	ਮਨ ਤਨ ਧਨ ਤੇ ਨਾਮੁ ਪਿਆਰਾ॥		Man Than Dhhan Thae Naam Piaaraa ||	The Naam, the Name of the Lord, is more dear to me than my mind, body and wealth.	ਜਿਸ ਮਨੁੱਖ ਨੂੰ ਆਪਣੇ ਮਨ ਨਾਲੋਂ ਆਪਣੇ ਸਰੀਰ ਨਾਲੋਂ ਆਪਣੇ ਧਨ-ਪਦਾਰਥ ਨਾਲੋਂ ਪਰਮਾਤਮਾ ਦਾ ਨਾਮ ਵਧੀਕ ਪਿਆਰਾ ਲੱਗਦਾ ਹੈ,

44631	1042	ਅੰਤਿ ਸਖਾਈ ਚਲਣਵਾਰਾ॥	ਚੱਲਣਵਾਰਾ	Anth Sakhaaee Chalanavaaraa ||	In the end, when I must depart, it shall be my only help and support.	ਪਰਮਾਤਮਾ ਉਸ ਦਾ ਅਖ਼ੀਰ ਤਕ ਸਾਥੀ ਬਣਦਾ ਹੈ ਉਸ ਦੇ ਨਾਲ ਜਾਂਦਾ ਹੈ।
44632	1043	ਮੋਹ ਪਸਾਰ ਨਹੀ ਸੰਗਿ ਬੇਲੀ ਬਿਨੁ ਹਰਿ ਗੁਰ ਕਿਨਿ ਸੁਖੁ ਪਾਇਆ॥੪॥		Moh Pasaar Nehee Sang Baelee Bin Har Gur Kin Sukh Paaeiaa ||4||	In this world of love and attachment, no one is anyone else's friend or companion; without the Lord, without the Guru, who has ever found peace? ||4||	ਜਗਤ ਦੇ ਮੋਹ ਦੇ ਖਿਲਾਰੇ ਕਿਸੇ ਮਨੁੱਖ ਦੇ ਨਾਲ ਸਾਥੀ ਨਹੀਂ ਬਣ ਸਕਦੇ। ਪਰਮਾਤਮਾ ਦੇ ਨਾਮ ਤੋਂ ਬਿਨਾ ਗੁਰੂ ਦੀ ਸਰਨ ਤੋਂ ਬਿਨਾ ਕਦੇ ਕਿਸੇ ਨੇ ਸੁਖ ਪ੍ਰਾਪਤ ਨਹੀਂ ਕੀਤਾ ॥੪॥
44633	1043	ਜਿਸ ਕਉ ਨਦਰਿ ਕਰੇ ਗੁਰੁ ਪੂਰਾ॥		Jis Ko Nadhar Karae Gur Pooraa ||	He, unto whom the Perfect Guru grants His Grace,	ਜਿਸ ਮਨੁੱਖ ਉਤੇ ਪੂਰਾ ਗੁਰੂ ਮੇਹਰ ਦੀ ਨਜ਼ਰ ਕਰਦਾ ਹੈ,
44634	1043	ਸਬਦਿ ਮਿਲਾਏ ਗੁਰਮਤਿ ਸੂਰਾ॥		Sabadh Milaaeae Guramath Sooraa ||	Is merged in the Word of the Shabad, through the Teachings of the brave, heroic Guru.	ਉਸ ਨੂੰ ਆਪਣੇ ਸ਼ਬਦ ਵਿਚ ਜੋੜਦਾ ਹੈ, ਉਹ ਮਨੁੱਖ ਗੁਰੂ ਦੀ ਮੱਤ ਦੇ ਆਸਰੇ (ਵਿਕਾਰਾਂ ਦਾ ਟਾਕਰਾ ਕਰਨ ਲਈ) ਸੂਰਮਾ ਹੋ ਜਾਂਦਾ ਹੈ।
44635	1043	ਨਾਨਕ ਗੁਰ ਕੇ ਚਰਨ ਸਰੇਵਹੁ ਜਿਨਿ ਭੂਲਾ ਮਾਰਗਿ ਪਾਇਆ॥੫॥		Naanak Gur Kae Charan Saraevahu Jin Bhoolaa Maarag Paaeiaa ||5||	O Nanak, dwell upon, and serve at the Guru's feet; He places those who wander back on the Path. ||5||	ਹੇ ਨਾਨਕ! ਜਿਸ ਗੁਰੂ ਨੇ ਭੁੱਲੇ ਹੋਏ ਜੀਵ ਨੂੰ ਸਹੀ ਜੀਵਨ-ਰਸਤੇ ਉਤੇ ਪਾਇਆ ਹੈ (ਭਾਵ, ਜੇਹੜਾ ਗੁਰੂ ਭਟਕਦੇ ਜੀਵ ਨੂੰ ਠੀਕ ਰਾਹ ਤੇ ਪਾ ਦੇਂਦਾ ਹੈ) ਉਸ ਗੁਰੂ ਦੇ ਚਰਨ ਪੂਜੋ (ਭਾਵ, ਆਪਾ-ਭਾਵ ਗਵਾ ਕੇ ਉਸ ਗੁਰੂ ਦਾ ਪੱਲਾ ਫੜੋ) ॥੫॥

44636	1043	ਸੰਤ ਜਨਾਂ ਹਰਿ ਧਨੁ ਜਸੁ ਪਿਆਰਾ॥		Santh Janaan Har Dhhan Jas Piaaraa ||	The wealth of the Lord's Praise is very dear to the humble Saints.	ਸੰਤ ਜਨਾਂ ਨੂੰ ਇਹ ਨਾਮ-ਧਨ ਪਿਆਰਾ ਲੱਗਦਾ ਹੈ। ਉਹਨਾਂ ਨੂੰ ਤੇਰੀ ਸਿਫ਼ਤ-ਸਾਲਾਹ ਪਿਆਰੀ ਲੱਗਦੀ ਹੈ।
44637	1043	ਗੁਰਮਤਿ ਪਾਇਆ ਨਾਮੁ ਤੁਮਾਰਾ॥		Guramath Paaeiaa Naam Thumaaraa ||	Through the Guru's Teachings, I have obtained Your Name, Lord.	ਹੇ ਪ੍ਰਭੂ! ਤੇਰਾ ਨਾਮ ਗੁਰੂ ਦੀ ਮੱਤ ਤੇ ਤੁਰਿਆਂ ਹੀ ਮਿਲਦਾ ਹੈ।
44638	1043	ਜਾਚਿਕੁ ਸੇਵ ਕਰੇ ਦਰਿ ਹਰਿ ਕੈ ਹਰਿ ਦਰਗਹ ਜਸੁ ਗਾਇਆ॥੬॥		Jaachik Saev Karae Dhar Har Kai Har Dharageh Jas Gaaeiaa ||6||	The beggar serves at the Lord's door, and in the Court of the Lord, sings His Praises. ||6||	ਪ੍ਰਭੂ ਦੇ ਦਰ ਦਾ ਮੰਗਤਾ ਪ੍ਰਭੂ ਦੇ ਦਰ ਤੇ ਟਿਕ ਕੇ ਪ੍ਰਭੂ ਦੀ ਸੇਵਾ-ਭਗਤੀ ਕਰਦਾ ਹੈ, ਪ੍ਰਭੂ ਦੀ ਹਜ਼ੂਰੀ ਵਿਚ (ਜੁੜ ਕੇ ਪ੍ਰਭੂ ਦੀ) ਸਿਫ਼ਤ-ਸਾਲਾਹ ਕਰਦਾ ਹੈ ॥੬॥
44639	1043	ਸਤਿਗੁਰੁ ਮਿਲੈ ਤ ਮਹਲਿ ਬੁਲਾਏ॥		Sathigur Milai Th Mehal Bulaaeae ||	When one meets the True Guru, he is called into the Mansion of the Lord's Presence.	ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਪਰਮਾਤਮਾ ਉਸ ਨੂੰ ਆਪਣੀ ਹਜ਼ੂਰੀ ਵਿਚ ਸੱਦਦਾ ਹੈ (ਭਾਵ, ਆਪਣੇ ਚਰਨਾਂ ਵਿਚ ਜੋੜੀ ਰੱਖਦਾ ਹੈ)।
44640	1043	ਸਾਚੀ ਦਰਗਹ ਗਤਿ ਪਤਿ ਪਾਏ॥		Saachee Dharageh Gath Path Paaeae ||	In the True Court, he is blessed with salvation and honor.	ਉਹ ਮਨੁੱਖ ਪ੍ਰਭੂ ਦੇ ਚਰਨਾਂ ਵਿਚ ਜੁੜ ਕੇ ਉੱਚੀ ਆਤਮਕ ਅਵਸਥਾ ਪ੍ਰਾਪਤ ਕਰਦਾ ਹੈ (ਲੋਕ ਪਰਲੋਕ ਵਿਚ) ਇੱਜ਼ਤ ਪਾਂਦਾ ਹੈ।

44641	1043	ਸਾਕਤ ਠਉਰ ਨਾਹੀ ਹਰਿਮੰਦਰ ਜਨਮ ਮਰੈ ਦੁਖੁ ਪਾਇਆ॥੭॥		Saakath Thour Naahee Har Mandhar Janam Marai Dhukh Paaeiaa ||7||	The faithless cynic has no place of rest in the Lord's palace; he suffers the pains of birth and death. ||7||	ਪਰ ਮਾਇਆ-ਵੇੜ੍ਹੇ ਬੰਦੇ ਨੂੰ ਪਰਮਾਤਮਾ ਦੇ ਮਹਲ ਦਾ ਟਿਕਾਣਾ ਨਹੀਂ ਲੱਭਦਾ, ਉਹ ਜਨਮਾਂ ਦੇ ਗੇੜ ਵਿਚ ਪੈ ਕੇ ਮਰਦਾ ਤੇ ਦੁੱਖ ਸਹਾਰਦਾ ਹੈ ॥੭॥
44642	1043	ਸੇਵਹੁ ਸਤਿਗੁਰ ਸਮੁੰਦੁ ਅਥਾਹਾ॥		Saevahu Sathigur Samundh Athhaahaa ||	So serve the True Guru, the unfathomable ocean,	ਸਤਿਗੁਰੂ ਅਥਾਹ ਸਮੁੰਦਰ ਹੈ।
44643	1043	ਪਾਵਹੁ ਨਾਮੁ ਰਤਨੁ ਧਨੁ ਲਾਹਾ॥		Paavahu Naam Rathan Dhhan Laahaa ||	And you shall obtain the profit, the wealth, the jewel of the Naam.	(ਉਸ ਵਿਚ ਪ੍ਰਭੂ ਦੇ ਗੁਣਾਂ ਦੇ ਰਤਨ ਭਰੇ ਪਏ ਹਨ), ਗੁਰੂ ਦੀ ਸੇਵਾ ਕਰੋ। ਗੁਰੂ ਪਾਸੋਂ ਨਾਮ-ਰਤਨ ਨਾਮ-ਧਨ ਹਾਸਲ ਕਰ ਲਵੋਗੇ (ਇਹੀ ਮਨੁੱਖਾ ਜੀਵਨ ਦਾ) ਲਾਭ (ਹੈ)।
44644	1043	ਬਿਖਿਆ ਮਲੁ ਜਾਇ ਅੰਮ੍ਰਿਤ ਸਰਿ ਨਾਵਹੁ ਗੁਰ ਸਰ ਸੰਤੋਖੁ ਪਾਇਆ॥੮॥		Bikhiaa Mal Jaae Anmrith Sar Naavahu Gur Sar Santhokh Paaeiaa ||8||	The filth of corruption is washed away, by bathing in the pool of Ambrosial Nectar. In the Guru's pool, contentment is obtained. ||8||	(ਗੁਰੂ ਦੀ ਸਰਨ ਪੈ ਕੇ) ਨਾਮ-ਅੰਮ੍ਰਿਤ ਦੇ ਸਰੋਵਰ ਵਿਚ (ਆਤਮਕ) ਇਸ਼ਨਾਨ ਕਰੋ, (ਇਸ ਤਰ੍ਹਾਂ) ਮਾਇਆ (ਦੇ ਮੋਹ) ਦੀ ਮੈਲ (ਮਨ ਤੋਂ) ਧੁਪ ਜਾਇਗੀ (ਤ੍ਰਿਸ਼ਨਾ ਮੁੱਕ ਜਾਇਗੀ ਤੇ) ਗੁਰੂ-ਸਰੋਵਰ ਦਾ ਸੰਤੋਖ (-ਜਲ) ਪ੍ਰਾਪਤ ਹੋ ਜਾਇਗਾ ॥੮॥
44645	1043	ਸਤਿਗੁਰ ਸੇਵਹੁ ਸੰਕ ਨ ਕੀਜੈ॥		Sathigur Saevahu Sank N Keejai ||	So serve the Guru without hesitation.	(ਪੂਰੀ ਸਰਧਾ ਨਾਲ) ਗੁਰੂ ਦੀ ਦੱਸੀ ਸੇਵਾ ਕਰੋ, (ਗੁਰੂ ਦੇ ਹੁਕਮ ਵਿਚ ਰਤਾ ਭੀ) ਸ਼ੱਕ ਨਾਹ ਕਰੋ।

44646	1043	ਆਸਾ ਮਾਹਿ ਨਿਰਾਸੁ ਰਹੀਜੈ॥		Aasaa Maahi Niraas Reheejai ||	And in the midst of hope, remain unmoved by hope.	(ਗੁਰੂ ਦੇ ਦੱਸੇ ਰਸਤੇ ਤੇ ਤੁਰਿਆਂ) ਦੁਨੀਆ ਦੀਆਂ ਆਸਾਂ ਵਿਚ ਨਿਰਲੇਪ ਰਹਿ ਕੇ ਜਿਉ ਸਕੀਦਾ ਹੈ।
44647	1043	ਸੰਸਾ ਦੂਖ ਬਿਨਾਸਨੁ ਸੇਵਹੁ ਫਿਰਿ ਬਾਹੁੜਿ ਰੋਗੁ ਨ ਲਾਇਆ॥੯॥		Sansaa Dhookh Binaasan Saevahu Fir Baahurr Rog N Laaeiaa ||9||	Serve the Eradicator of cynicism and suffering, and you shall never again be afflicted by the disease. ||9||	ਪਰਮਾਤਮਾ (ਦਾ ਨਾਮ) ਸਿਮਰੋ ਜੋ ਸਾਰੇ ਸਹਮ ਤੇ ਦੁੱਖ ਨਾਸ ਕਰਨ ਵਾਲਾ ਹੈ। ਜੇਹੜਾ ਮਨੁੱਖ ਸਿਮਰਦਾ ਹੈ ਉਸ ਨੂੰ ਮੁੜ (ਮੋਹ ਦਾ) ਰੋਗ ਨਹੀਂ ਵਿਆਪਦਾ ॥੯॥
44648	1043	ਸਾਚੇ ਭਾਵੈ ਤਿਸੁ ਵਡੀਆਏ॥	ਵਡੀ-ਆਏ	Saachae Bhaavai This Vaddeeaaeae ||	One who is pleasing to the True Lord is blessed with glorious greatness.	ਜੇਹੜਾ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਚੰਗਾ ਲੱਗ ਪੈਂਦਾ ਹੈ ਉਸ ਨੂੰ ਉਹ (ਗੁਰੂ ਦੀ ਰਾਹੀਂ ਆਪਣੇ ਨਾਮ ਦੀ ਦਾਤ ਦੇ ਕੇ) ਇੱਜ਼ਤ ਬਖ਼ਸ਼ਦਾ ਹੈ।
44649	1043	ਕਉਨੁ ਸੁ ਦੂਜਾ ਤਿਸੁ ਸਮਝਾਏ॥		Koun S Dhoojaa This Samajhaaeae ||	Who else can teach him anything?	ਗੁਰੂ ਤੋਂ ਬਿਨਾ ਹੋਰ ਕੋਈ ਨਹੀਂ ਜੋ ਸਹੀ ਰਸਤਾ ਦੱਸ ਸਕੇ।
44650	1043	ਹਰਿ ਗੁਰ ਮੂਰਤਿ ਏਕਾ ਵਰਤੈ ਨਾਨਕ ਹਰਿ ਗੁਰ ਭਾਇਆ॥੧੦॥		Har Gur Moorath Eaekaa Varathai Naanak Har Gur Bhaaeiaa ||10||	The Lord and the Guru are pervading in one form. O Nanak, the Lord loves the Guru. ||10||	ਗੁਰੂ ਤੇ ਪਰਮਾਤਮਾ ਦੋਹਾਂ ਦੀ ਇਕੋ ਹੀ ਹਸਤੀ ਹੈ ਜੋ ਜਗਤ ਵਿਚ ਕੰਮ ਕਰ ਰਹੀ ਹੈ। ਹੇ ਨਾਨਕ! ਜੋ ਹਰੀ ਨੂੰ ਚੰਗਾ ਲੱਗਦਾ ਹੈ ਉਹ ਗੁਰੂ ਨੂੰ ਚੰਗਾ ਲੱਗਦਾ ਹੈ, ਤੇ ਜੋ ਗੁਰੂ ਨੂੰ ਭਾਉਂਦਾ ਹੈ ਉਹ ਹਰੀ-ਪ੍ਰਭੂ ਨੂੰ ਪਸੰਦ ਹੈ ॥੧੦॥

44651	1043	ਵਾਚਹਿ ਪੁਸਤਕ ਵੇਦ ਪੁਰਾਨਾਂ॥		Vaachehi Pusathak Vaedh Puraanaan ||	Some read scriptures, the Vedas and the Puraanas.	(ਗੁਰੂ ਤੋਂ ਖੁੰਝ ਕੇ ਪੰਡਿਤ ਲੋਕ) ਵੇਦ ਪੁਰਾਣ ਆਦਿਕ (ਧਰਮ-) ਪੁਸਤਕਾਂ ਪੜ੍ਹਦੇ ਹਨ,
44652	1043	ਇਕ ਬਹਿ ਸੁਨਹਿ ਸੁਨਾਵਹਿ ਕਾਨਾਂ॥	ਕੱਾਨਾਂ	Eik Behi Sunehi Sunaavehi Kaanaan ||	Some sit and listen, and read to others.	ਜੋ ਕੁਝ ਉਹ ਸੁਣਾਂਦੇ ਹਨ ਉਸ ਨੂੰ ਅਨੇਕਾਂ ਬੰਦੇ ਬਹਿ ਕੇ ਧਿਆਨ ਨਾਲ ਸੁਣਦੇ ਹਨ।
44653	1043	ਅਜਗਰ ਕਪਟੁ ਕਹਹੁ ਕਿਉ ਖੁਲ੍ਹੈ ਬਿਨੁ ਸਤਿਗੁਰ ਤਤੁ ਨ ਪਾਇਆ॥੧੧॥	ਅਜ-ਗਰ	Ajagar Kapatt Kehahu Kio Khulhai Bin Sathigur Thath N Paaeiaa ||11||	Tell me, how can the heavy, rigid doors be opened? Without the True Guru, the essence of reality is not realized. ||11||	ਪਰ ਇਸ ਤਰ੍ਹਾਂ (ਮਨ ਨੂੰ ਕਾਬੂ ਰੱਖਣ ਵਾਲਾ ਮਾਇਆ ਦੇ ਮੋਹ ਦਾ) ਕਰੜਾ ਕਵਾੜ ਕਿਸੇ ਭੀ ਹਾਲਤ ਵਿਚ ਖੁਲ੍ਹ ਨਹੀਂ ਸਕਦਾ, (ਕਿਉਂਕਿ) ਗੁਰੂ ਦੀ ਸਰਨ ਤੋਂ ਬਿਨਾ ਅਸਲੀਅਤ ਨਹੀਂ ਲੱਭਦੀ ॥੧੧॥
44654	1043	ਕਰਹਿ ਬਿਭੂਤਿ ਲਗਾਵਹਿ ਭਸਮੈ॥		Karehi Bibhooth Lagaavehi Bhasamai ||	Some collect dust, and smear their bodies with ashes;	(ਇਕ ਉਹ ਭੀ ਹਨ ਜੋ ਤਿਆਗੀ ਬਣ ਕੇ ਜੰਗਲਾਂ ਵਿਚ ਜਾ ਬੈਠਦੇ ਹਨ, ਲੱਕੜਾਂ ਬਾਲ ਕੇ) ਸੁਆਹ ਤਿਆਰ ਕਰਦੇ ਹਨ ਤੇ ਉਹ ਸੁਆਹ (ਆਪਣੇ ਪਿੰਡੇ ਉਤੇ) ਮਲ ਲੈਂਦੇ ਹਨ।
44655	1043	ਅੰਤਰਿ ਕ੍ਰੋਧੁ ਚੰਡਾਲੁ ਸੁ ਹਉਮੈ॥		Anthar Krodhh Chanddaal S Houmai ||	But deep within them are the outcasts of anger and egotism.	ਪਰ ਉਹਨਾਂ ਦੇ ਅੰਦਰ (ਹਿਰਦੇ ਵਿਚ) ਚੰਡਾਲ ਕ੍ਰੋਧ ਵੱਸਦਾ ਹੈ ਹਉਮੈ ਵੱਸਦੀ ਹੈ।
44656	1043	ਪਾਖੰਡ ਕੀਨੇ ਜੋਗੁ ਨ ਪਾਈਐ ਬਿਨੁ ਸਤਿਗੁਰ ਅਲਖੁ ਨ ਪਾਇਆ॥੧੨॥		Paakhandd Keenae Jog N Paaeeai Bin Sathigur Alakh N Paaeiaa ||12||	Practicing hypocrisy, Yoga is not obtained; without the True Guru, the unseen Lord is not found. ||12||	(ਸੋ, ਤਿਆਗ ਦੇ ਇਹ) ਪਾਖੰਡ ਕਰਨ ਨਾਲ ਪਰਮਾਤਮਾ ਦਾ ਮਿਲਾਪ ਪ੍ਰਾਪਤ ਨਹੀਂ ਹੋ ਸਕਦਾ। ਗੁਰੂ ਦੀ ਸਰਨ ਤੋਂ ਬਿਨਾ ਅਦ੍ਰਿਸ਼ਟ ਪ੍ਰਭੂ ਨਹੀਂ ਲੱਭਦਾ ॥੧੨॥

44657	1043	ਤੀਰਥ ਵਰਤ ਨੇਮ ਕਰਹਿ ਉਦਿਆਨਾ॥		Theerathh Varath Naem Karehi Oudhiaanaa ||	Some make vows to visit sacred shrines of pilgrimage, keep fasts and live in the forest.	(ਤਿਆਗੀ ਬਣ ਕੇ) ਜੰਗਲਾਂ ਵਿਚ ਨਿਵਾਸ ਕਰਦੇ ਹਨ ਤੀਰਥਾਂ ਤੇ ਇਸ਼ਨਾਨ ਕਰਦੇ ਹਨ ਵਰਤਾਂ ਦੇ ਨੇਮ ਧਾਰਦੇ ਹਨ,
44658	1043	ਜਤੁ ਸਤੁ ਸੰਜਮੁ ਕਥਹਿ ਗਿਆਨਾ॥		Jath Sath Sanjam Kathhehi Giaanaa ||	Some practice chastity, charity and self-discipline, and speak of spiritual wisdom.	ਗਿਆਨ ਦੀਆਂ ਗੱਲਾਂ ਕਰਦੇ ਹਨ ਜਤ ਸਤ ਸੰਜਮ ਦੇ ਸਾਧਨ ਕਰਦੇ ਹਨ,
44659	1043	ਰਾਮ ਨਾਮ ਬਿਨੁ ਕਿਉ ਸੁਖੁ ਪਾਈਐ ਬਿਨੁ ਸਤਿਗੁਰ ਭਰਮੁ ਨ ਜਾਇਆ॥੧੩॥		Raam Naam Bin Kio Sukh Paaeeai Bin Sathigur Bharam N Jaaeiaa ||13||	But without the Lord's Name, how can anyone find peace? Without the True Guru, doubt is not dispelled. ||13||	ਪਰ ਪਰਮਾਤਮਾ ਦੇ ਨਾਮ ਤੋਂ ਬਿਨਾ ਆਤਮਕ ਆਨੰਦ ਪ੍ਰਾਪਤ ਨਹੀਂ ਹੁੰਦਾ, ਸਤਿਗੁਰੂ ਤੋਂ ਬਿਨਾ ਮਨ ਦੀ ਭਟਕਣਾ ਦੂਰ ਨਹੀਂ ਹੁੰਦੀ ॥੧੩॥
44660	1043	ਨਿਉਲੀ ਕਰਮ ਭੁਇਅੰਗਮ ਭਾਠੀ॥		Nioulee Karam Bhueiangam Bhaathee ||	Inner cleansing techniques, channeling the energy to raise the Kundalini to the Tenth Gate,	(ਇਹ ਲੋਕ) ਨਿਉਲੀ ਕਰਮ ਕਰਦੇ ਹਨ, ਕੁੰਡਲਨੀ ਨੂੰ ਦਸਮ ਦੁਆਰ ਵਿਚ ਖੋਹਲਣਾ ਦੱਸਦੇ ਹਨ,
44661	1043	ਰੇਚਕ ਕੁੰਭਕ ਪੂਰਕ ਮਨ ਹਾਠੀ॥		Raechak Kunbhak Poorak Man Haathee ||	Inhaling, exhaling and holding the breath by the force of the mind -	ਮਨ ਦੇ ਹਠ ਨਾਲ (ਪ੍ਰਾਣਾਯਾਮ ਦੇ ਅੱਭਿਆਸ ਵਿਚ) ਪ੍ਰਾਣ ਉਤਾਂਹ ਚਾੜ੍ਹਦੇ ਹਨ, ਸੁਖਮਨਾ ਵਿਚ ਰੋਕ ਕੇ ਰੱਖਦੇ ਹਨ ਤੇ ਫਿਰ ਹੇਠਾਂ ਉਤਾਰਦੇ ਹਨ,

44662	1043	ਪਾਖੰਡ ਧਰਮੁ ਪ੍ਰੀਤਿ ਨਹੀ ਹਰਿ ਸਉ ਗੁਰ ਸਬਦ ਮਹਾ ਰਸੁ ਪਾਇਆ॥੧੪॥		Paakhandd Dhharam Preeth Nehee Har So Gur Sabadh Mehaa Ras Paaeiaa ||14||	By empty hypocritical practices, Dharmic love for the Lord is not produced. Only through the Word of the Guru's Shabad is the sublime, supreme essence obtained. ||14||	ਪਰ ਇਹ ਧਾਰਮਿਕ ਕੰਮ ਨਿਰਾ ਪਾਖੰਡ-ਧਰਮ ਹੀ ਹੈ, ਇਸ ਦੀ ਰਾਹੀਂ ਪਰਮਾਤਮਾ ਨਾਲ ਪ੍ਰੀਤ ਨਹੀਂ ਬਣ ਸਕਦੀ, ਗੁਰ-ਸ਼ਬਦ ਵਾਲਾ ਮਹਾਨ (ਆਨੰਦ ਦੇਣ ਵਾਲਾ) ਰਸ ਨਹੀਂ ਮਿਲਦਾ ॥੧੪॥
44663	1043	ਕੁਦਰਤਿ ਦੇਖਿ ਰਹੇ ਮਨੁ ਮਾਨਿਆ॥		Kudharath Dhaekh Rehae Man Maaniaa ||	Seeing the Lord's creative power, my mind remains satisfied.	(ਇਕ ਉਹ ਹਨ ਜੇਹੜੇ) ਕੁਦਰਤਿ ਵਿਚ ਵੱਸਦੇ ਪ੍ਰਭੂ ਨੂੰ ਵੇਖਦੇ ਹਨ ਉਹਨਾਂ ਦਾ ਮਨ ਉਸ ਦੀਦਾਰ ਵਿਚ ਪ੍ਰਸੰਨ ਹੁੰਦਾ ਹੈ,
44664	1043	ਗੁਰ ਸਬਦੀ ਸਭੁ ਬ੍ਰਹਮੁ ਪਛਾਨਿਆ॥		Gur Sabadhee Sabh Breham Pashhaaniaa ||	Through the Guru's Shabad, I have realized that all is God.	ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਹਰ ਥਾਂ ਪ੍ਰਭੂ ਨੂੰ ਵੱਸਦਾ ਪਛਾਣਦੇ ਹਨ।
44665	1043	ਨਾਨਕ ਆਤਮ ਰਾਮੁ ਸਬਾਇਆ ਗੁਰ ਸਤਿਗੁਰ ਅਲਖੁ ਲਖਾਇਆ॥੧੫॥੫॥੨੨॥		Naanak Aatham Raam Sabaaeiaa Gur Sathigur Alakh Lakhaaeiaa ||15||5||22||	O Nanak, the Lord, the Supreme Soul, is in all. The Guru, the True Guru, has inspired me to see the unseen Lord. ||15||5||22||	ਹੇ ਨਾਨਕ! ਉਹਨਾਂ ਨੂੰ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਪਰਮਾਤਮਾ ਦਿੱਸਦਾ ਹੈ। ਗੁਰੂ ਹੀ ਅਦ੍ਰਿਸ਼ਟ ਪਰਮਾਤਮਾ ਦਾ ਦੀਦਾਰ ਕਰਾਂਦਾ ਹੈ ॥੧੫॥੫॥੨੨॥

44666	1043	ਮਾਰੂ ਸੋਲਹੇ ਮਹਲਾ ੩		Maaroo Solehae Mehalaa 3	Maaroo, Solhay, Third Mehl:	ਰਾਗ ਮਾਰੂ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ 'ਸੋਹਲੇ' (੧੬ ਬੰਦਾਂ ਵਾਲੀ ਬਾਣੀ)।
44667	1043	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
44668	1043	ਹੁਕਮੀ ਸਹਜੇ ਸ੍ਰਿਸਟਿ ਉਪਾਈ॥		Hukamee Sehajae Srisatt Oupaaee ||	By the Hukam of His Command, He effortlessly created the Universe.	ਪਰਮਾਤਮਾ ਨੇ ਬਿਨਾ ਕਿਸੇ ਉਚੇਚੇ ਜਤਨ ਦੇ ਆਪਣੇ ਹੁਕਮ ਦੀ ਰਾਹੀਂ ਇਹ ਸ੍ਰਿਸ਼ਟੀ ਪੈਦਾ ਕਰ ਦਿੱਤੀ ਹੈ।
44669	1043	ਕਰਿ ਕਰਿ ਵੇਖੈ ਅਪਣੀ ਵਡਿਆਈ॥		Kar Kar Vaekhai Apanee Vaddiaaee ||	Creating the creation, He gazes upon His own greatness.	(ਜਗਤ-ਉਤਪਤੀ ਦੇ ਕੰਮ) ਕਰ ਕਰ ਕੇ ਆਪਣੀ ਵਡਿਆਈ (ਆਪ ਹੀ) ਵੇਖ ਰਿਹਾ ਹੈ।
44670	1043	ਆਪੇ ਕਰੇ ਕਰਾਏ ਆਪੇ ਹੁਕਮੇ ਰਹਿਆ ਸਮਾਈ ਹੇ॥੧॥		Aapae Karae Karaaeae Aapae Hukamae Rehiaa Samaaee Hae ||1||	He Himself acts, and inspires all to act; in His Will, He pervades and permeates all. ||1||	ਆਪ ਹੀ ਸਭ ਕੁਝ ਕਰ ਰਿਹਾ ਹੈ, (ਜੀਵਾਂ ਪਾਸੋਂ) ਆਪ ਹੀ ਕਰਾ ਰਿਹਾ ਹੈ, ਆਪਣੀ ਰਜ਼ਾ ਅਨੁਸਾਰ (ਸਾਰੀ ਸ੍ਰਿਸ਼ਟੀ ਵਿਚ) ਵਿਆਪਕ ਹੋ ਰਿਹਾ ਹੈ ॥੧॥
44671	1043	ਮਾਇਆ ਮੋਹੁ ਜਗਤੁ ਗੁਬਾਰਾ॥	ਜੱਗਤੁ	Maaeiaa Mohu Jagath Gubaaraa ||	The world is in the darkness of love and attachment to Maya.	(ਸ੍ਰਿਸ਼ਟੀ ਵਿਚ ਪ੍ਰਭੂ ਆਪ ਹੀ) ਮਾਇਆ ਦਾ ਮੋਹ ਪੈਦਾ ਕਰਨ ਵਾਲਾ ਹੈ (ਜਿਸ ਨੇ) ਜਗਤ ਘੁੱਪ ਹਨੇਰਾ ਬਣਾ ਰੱਖਿਆ ਹੈ।

44672	1043	ਗੁਰਮੁਖਿ ਬੂਝੈ ਕੋ ਵੀਚਾਰਾ॥		Guramukh Boojhai Ko Veechaaraa ||	How rare is that Gurmukh who contemplates, and understands.	ਇਸ ਵਿਚਾਰ ਨੂੰ ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਵਿਰਲਾ ਮਨੁੱਖ ਸਮਝਦਾ ਹੈ।
44673	1043	ਆਪੇ ਨਦਰਿ ਕਰੇ ਸੋ ਪਾਏ ਆਪੇ ਮੇਲਿ ਮਿਲਾਈ ਹੇ॥੨॥		Aapae Nadhar Karae So Paaeae Aapae Mael Milaaee Hae ||2||	He alone attains the Lord, unto whom He grants His Grace. He Himself unites in His Union. ||2||	ਜਿਸ ਜੀਵ ਉਤੇ ਪ੍ਰਭੂ ਆਪ ਹੀ ਮਿਹਰ ਦੀ ਨਿਗਾਹ ਕਰਦਾ ਹੈ, ਉਹੀ, ਇਹ ਸੂਝ ਪ੍ਰਾਪਤ ਕਰਦਾ ਹੈ ਕਿ ਪ੍ਰਭੂ ਆਪ ਹੀ (ਗੁਰੂ ਨਾਲ) ਮਿਲਾ ਕੇ (ਆਪਣੇ ਚਰਨਾਂ ਵਿਚ) ਮਿਲਾਂਦਾ ਹੈ ॥੨॥
44674	1044	ਆਪੇ ਮੇਲੇ ਦੇ ਵਡਿਆਈ॥		Aapae Maelae Dhae Vaddiaaee ||	Uniting with Himself, He bestows glorious greatness.	ਪ੍ਰਭੂ ਆਪ ਹੀ (ਮਨੁੱਖ ਨੂੰ ਗੁਰੂ ਨਾਲ) ਮਿਲਾਂਦਾ ਹੈ ਤੇ ਇੱਜ਼ਤ ਬਖ਼ਸ਼ਦਾ ਹੈ।
44675	1044	ਗੁਰ ਪਰਸਾਦੀ ਕੀਮਤਿ ਪਾਈ॥		Gur Parasaadhee Keemath Paaee ||	By Guru's Grace, one comes to know the Lord's worth.	ਗੁਰੂ ਦੀ ਕਿਰਪਾ ਨਾਲ (ਉਹ ਮਨੁੱਖ ਇਸ ਮਨੁੱਖਾ ਜਨਮ ਦੀ) ਕਦਰ ਸਮਝਦਾ ਹੈ।
44676	1044	ਮਨਮੁਖਿ ਬਹੁਤੁ ਫਿਰੈ ਬਿਲਲਾਦੀ ਦੂਜੈ ਭਾਇ ਖੁਆਈ ਹੇ॥੩॥		Manamukh Bahuth Firai Bilalaadhee Dhoojai Bhaae Khuaaee Hae ||3||	The self-willed manmukh wanders everywhere, weeping and wailing; he is utterly ruined by the love of duality. ||3||	ਮਨ ਦੀ ਮੁਰੀਦ ਲੁਕਾਈ ਮਾਇਆ ਦੇ ਪਿਆਰ ਦੇ ਕਾਰਨ (ਸਹੀ ਜੀਵਨ-ਰਾਹ ਤੋਂ) ਖੁੰਝੀ ਹੋਈ ਬਹੁਤ ਵਿਲਕਦੀ ਫਿਰਦੀ ਹੈ ॥੩॥
44677	1044	ਹਉਮੈ ਮਾਇਆ ਵਿਚੇ ਪਾਈ॥		Houmai Maaeiaa Vichae Paaee ||	Egotism was instilled into the illusion of Maya.	(ਇਹ ਸ੍ਰਿਸ਼ਟੀ ਪੈਦਾ ਕਰ ਕੇ ਪ੍ਰਭੂ ਨੇ ਆਪ ਹੀ) ਇਸ ਦੇ ਵਿਚ ਹੀ ਹਉਮੈ ਤੇ ਮਾਇਆ ਪੈਦਾ ਕਰ ਦਿੱਤੀ ਹੈ।

44678	1044	ਮਨਮੁਖ ਭੂਲੇ ਪਤਿ ਗਵਾਈ॥		Manamukh Bhoolae Path Gavaaee ||	The self-willed manmukh is deluded, and loses his honor.	ਮਨ ਦੇ ਪਿੱਛੇ ਤੁਰਨ ਵਾਲੀ ਲੁਕਾਈ ਨੇ (ਹਉਮੈ ਮਾਇਆ ਦੇ ਕਾਰਨ) ਕੁਰਾਹੇ ਪੈ ਕੇ ਆਪਣੀ ਇੱਜ਼ਤ ਗਵਾ ਲਈ ਹੈ।
44679	1044	ਗੁਰਮੁਖਿ ਹੋਵੈ ਸੋ ਨਾਇ ਰਾਚੈ ਸਾਚੈ ਰਹਿਆ ਸਮਾਈ ਹੇ॥੪॥		Guramukh Hovai So Naae Raachai Saachai Rehiaa Samaaee Hae ||4||	But one who becomes Gurmukh is absorbed in the Name; he remains immersed in the True Lord. ||4||	ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਪਰਮਾਤਮਾ ਦੇ ਨਾਮ ਵਿਚ ਮਸਤ ਰਹਿੰਦਾ ਹੈ (ਤੇ ਨਾਮ ਦੀ ਬਰਕਤਿ ਨਾਲ ਉਹ) ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿੰਦਾ ਹੈ ॥੪॥
44680	1044	ਗੁਰ ਤੇ ਗਿਆਨੁ ਨਾਮ ਰਤਨੁ ਪਾਇਆ॥		Gur Thae Giaan Naam Rathan Paaeiaa ||	Spiritual wisdom is obtained from the Guru, along with the jewel of the Naam, the Name of the Lord.	ਜਿਹੜਾ ਮਨੁੱਖ ਗੁਰੂ ਪਾਸੋਂ ਆਤਮਕ ਜੀਵਨ ਦੀ ਸੂਝ ਅਤੇ ਪਰਮਾਤਮਾ ਦਾ ਕੀਮਤੀ ਨਾਮ ਹਾਸਲ ਕਰ ਲੈਂਦਾ ਹੈ,
44681	1044	ਮਨਸਾ ਮਾਰਿ ਮਨ ਮਾਹਿ ਸਮਾਇਆ॥		Manasaa Maar Man Maahi Samaaeiaa ||	Desires are subdued, and one remains immersed in the mind.	ਉਹ ਆਪਣੇ ਮਨ ਦੇ ਫੁਰਨੇ ਨੂੰ ਮਾਰ ਕੇ ਅੰਤਰ-ਆਤਮੇ ਹੀ ਲੀਨ ਰਹਿੰਦਾ ਹੈ।
44682	1044	ਆਪੇ ਖੇਲ ਕਰੇ ਸਭਿ ਕਰਤਾ ਆਪੇ ਦੇਇ ਬੁਝਾਈ ਹੇ॥੫॥	ਬੁੱਝਾਈ	Aapae Khael Karae Sabh Karathaa Aapae Dhaee Bujhaaee Hae ||5||	The Creator Himself stages all His plays; He Himself bestows understanding. ||5||	ਉਸ ਨੂੰ ਪਰਮਾਤਮਾ ਆਪ ਹੀ ਇਹ ਸਮਝ ਬਖ਼ਸ਼ ਦੇਂਦਾ ਹੈ ਕਿ ਸਾਰੇ ਖੇਲ ਪਰਮਾਤਮਾ ਆਪ ਹੀ ਕਰ ਰਿਹਾ ਹੈ ॥੫॥

44683	1044	ਸਤਿਗੁਰੁ ਸੇਵੇ ਆਪੁ ਗਵਾਏ॥		Sathigur Saevae Aap Gavaaeae ||	One who serves the True Guru eradicates self-conceit.	ਜਿਹੜਾ ਮਨੁੱਖ ਆਪਾ-ਭਾਵ ਦੂਰ ਕਰ ਕੇ ਗੁਰੂ ਦੀ ਸਰਨ ਪੈਂਦਾ ਹੈ,
44684	1044	ਮਿਲਿ ਪ੍ਰੀਤਮ ਸਬਦਿ ਸੁਖੁ ਪਾਏ॥		Mil Preetham Sabadh Sukh Paaeae ||	Meeting with his Beloved, he finds peace through the Word of the Shabad.	ਉਹ ਮਨੁੱਖ ਪ੍ਰੀਤਮ-ਪ੍ਰਭੂ ਨੂੰ ਮਿਲ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਆਤਮਕ ਆਨੰਦ ਮਾਣਦਾ ਹੈ।
44685	1044	ਅੰਤਰਿ ਪਿਆਰੁ ਭਗਤੀ ਰਾਤਾ ਸਹਜਿ ਮਤੇ ਬਣਿ ਆਈ ਹੇ॥੬॥	ਮਤੇ: ਪੋਲਾ ਬੋਲੋ	Anthar Piaar Bhagathee Raathaa Sehaj Mathae Ban Aaee Hae ||6||	Deep within his inner being, he is imbued with loving devotion; intuitively, he becomes one with the Lord. ||6||	ਉਸ ਦੇ ਅੰਦਰ ਪਰਮਾਤਮਾ ਦਾ ਪਿਆਰ ਬਣਿਆ ਰਹਿੰਦਾ ਹੈ, ਉਹ ਮਨੁੱਖ ਪਰਮਾਤਮਾ ਦੀ ਭਗਤੀ ਵਿਚ ਰੰਗਿਆ ਰਹਿੰਦਾ ਹੈ। ਆਤਮਕ ਅਡੋਲਤਾ ਵਾਲੀ ਬੁੱਧੀ ਦੇ ਕਾਰਨ ਪ੍ਰਭੂ ਨਾਲ ਉਸ ਦੀ ਪ੍ਰਤੀਤ ਬਣੀ ਰਹਿੰਦੀ ਹੈ ॥੬॥
44686	1044	ਦੂਖਨਿਵਾਰਣੁ ਗੁਰ ਤੇ ਜਾਤਾ॥		Dhookh Nivaaran Gur Thae Jaathaa ||	The Destroyer of pain is known through the Guru.	ਗੁਰੂ ਦੀ ਰਾਹੀਂ ਜਿਸ ਮਨੁੱਖ ਨੇ ਦੁੱਖਾਂ ਦੇ ਨਾਸ ਕਰਨ ਵਾਲੇ ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ,
44687	1044	ਆਪਿ ਮਿਲਿਆ ਜਗਜੀਵਨੁ ਦਾਤਾ॥		Aap Miliaa Jagajeevan Dhaathaa ||	The Great Giver, the Life of the world, Himself has met me.	ਸਭ ਦਾਤਾਂ ਦੇਣ ਵਾਲਾ ਤੇ ਜਗਤ ਦਾ ਆਸਰਾ ਪ੍ਰਭੂ ਆਪ ਉਸ ਨੂੰ ਆ ਮਿਲਿਆ।
44688	1044	ਜਿਸ ਨੋ ਲਾਏ ਸੋਈ ਬੂਝੈ ਭਉ ਭਰਮੁ ਸਰੀਰਹੁ ਜਾਈ ਹੇ॥੭॥		Jis No Laaeae Soee Boojhai Bho Bharam Sareerahu Jaaee Hae ||7||	He alone understands, whom the Lord joins with Himself. Fear and doubt are taken away from his body. ||7||	ਉਹੀ ਮਨੁੱਖ ਆਤਮਕ ਜੀਵਨ ਦੀ ਸੂਝ ਪ੍ਰਾਪਤ ਕਰਦਾ ਹੈ, ਜਿਸ ਨੂੰ ਪ੍ਰਭੂ ਆਪ ਭਗਤੀ ਵਿਚ ਜੋੜਦਾ ਹੈ। ਉਸ ਮਨੁੱਖ ਦੇ ਅੰਦਰੋਂ ਹਰੇਕ ਕਿਸਮ ਦਾ ਡਰ ਹਰੇਕ ਭਰਮ ਦੂਰ ਹੋ ਜਾਂਦਾ ਹੈ ॥੭॥

44689	1044	ਆਪੇ ਗੁਰਮੁਖਿ ਆਪੇ ਦੇਵੈ॥		Aapae Guramukh Aapae Dhaevai ||	He Himself is the Gurmukh, and He Himself bestows His blessings.	ਜਿਸ ਮਨੁੱਖ ਨੂੰ ਪ੍ਰਭੂ ਆਪ ਹੀ ਗੁਰੂ ਦੇ ਸਨਮੁਖ ਰੱਖਦਾ ਹੈ ਜਿਸ ਨੂੰ ਆਪ ਹੀ ਭਗਤੀ ਦੀ ਦਾਤ ਦੇਂਦਾ ਹੈ, ਉਹ ਮਨੁੱਖ ਗੁਰੂ ਦੀ ਸਰਨ ਪਿਆ ਰਹਿੰਦਾ ਹੈ।
44690	1044	ਸਚੈ ਸਬਦਿ ਸਤਿਗੁਰੁ ਸੇਵੈ॥		Sachai Sabadh Sathigur Saevai ||	Through the True Word of the Shabad, serve the True Guru.	ਉਹ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਜੁੜਿਆ ਰਹਿੰਦਾ ਹੈ।
44691	1044	ਜਰਾ ਜਮੁ ਤਿਸੁ ਜੋਹਿ ਨ ਸਾਕੈ ਸਾਚੇ ਸਿਉ ਬਣਿ ਆਈ ਹੇ॥੮॥		Jaraa Jam This Johi N Saakai Saachae Sio Ban Aaee Hae ||8||	Old age and death cannot even touch one who is in harmony with the True Lord. ||8||	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨਾਲ ਉਸ ਦੀ ਅਜਿਹੀ ਪ੍ਰੀਤ ਬਣ ਜਾਂਦੀ ਹੈ ਕਿ ਉਸ ਪ੍ਰੀਤ ਨੂੰ ਨਾਹ ਬੁਢੇਪਾ ਤੇ ਨਾਹ ਹੀ ਆਤਮਕ ਮੌਤ ਤੱਕ ਸਕਦੇ ਹਨ (ਭਾਵ, ਨਾਹ ਉਹ ਪ੍ਰੀਤ ਕਦੇ ਕਮਜ਼ੋਰ ਹੁੰਦੀ ਹੈ ਤੇ ਨਾਹ ਹੀ ਉਥੇ ਵਿਕਾਰਾਂ ਨੂੰ ਆਉਣ ਦਾ ਮੌਕਾ ਮਿਲਦਾ ਹੈ) ॥੮॥
44692	1044	ਤ੍ਰਿਸਨਾ ਅਗਨਿ ਜਲੈ ਸੰਸਾਰਾ॥		Thrisanaa Agan Jalai Sansaaraa ||	The world is burning up in the fire of desire.	ਜਗਤ ਮਾਇਆ ਦੀ ਤ੍ਰਿਸ਼ਨਾ ਦੀ ਅੱਗ ਵਿਚ ਸੜ ਰਿਹਾ ਹੈ,
44693	1044	ਜਲਿ ਜਲਿ ਖਪੈ ਬਹੁਤੁ ਵਿਕਾਰਾ॥		Jal Jal Khapai Bahuth Vikaaraa ||	It burns and burns, and is destroyed in all its corruption.	ਵਿਕਾਰਾਂ ਵਿਚ ਸੜ ਸੜ ਕੇ ਬਹੁਤ ਦੁੱਖੀ ਹੋ ਰਿਹਾ ਹੈ।

44694	1044	ਮਨਮੁਖੁ ਠਉਰ ਨ ਪਾਏ ਕਬਹੂ ਸਤਿਗੁਰ ਬੂਝ ਬੁਝਾਈ ਹੇ॥੯॥	ਬੂੱਝ ਬੁੱਝਾਈ	Manamukh Thour N Paaeae Kabehoo Sathigur Boojh Bujhaaee Hae ||9||	The self-willed manmukh finds no place of rest anywhere. The True Guru has imparted this understanding. ||9||	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਇਸ ਅੱਗ ਤੋਂ ਬਚਾਉ ਦਾ) ਥਾਂ ਕਦੇ ਭੀ ਨਹੀਂ ਲੱਭ ਸਕਦਾ। (ਉਹੀ ਮਨੁੱਖ ਬਚਾਉ ਦਾ ਥਾਂ ਲੱਭਦਾ ਹੈ ਜਿਸ ਨੂੰ) ਗੁਰੂ ਆਤਮਕ ਜੀਵਨ ਦੀ ਸੂਝ ਬਖ਼ਸ਼ਦਾ ਹੈ ॥੯॥
44695	1044	ਸਤਿਗੁਰੁ ਸੇਵਨਿ ਸੇ ਵਡਭਾਗੀ॥		Sathigur Saevan Sae Vaddabhaagee ||	Those who serve the True Guru are very fortunate.	ਉਹ ਮਨੁੱਖ ਵੱਡੇ ਭਾਗਾਂ ਵਾਲੇ ਹਨ, ਜਿਹੜੇ ਗੁਰੂ ਦੀ ਸਰਨ ਪੈਂਦੇ ਹਨ,
44696	1044	ਸਾਚੈ ਨਾਮਿ ਸਦਾ ਲਿਵ ਲਾਗੀ॥		Saachai Naam Sadhaa Liv Laagee ||	They remain lovingly focused on the True Name forever.	ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਉਹਨਾਂ ਦੀ ਸੁਰਤ ਸਦਾ ਜੁੜੀ ਰਹਿੰਦੀ ਹੈ।
44697	1044	ਅੰਤਰਿ ਨਾਮੁ ਰਵਿਆ ਨਿਹਕੇਵਲੁ ਤ੍ਰਿਸਨਾ ਸਬਦਿ ਬੁਝਾਈ ਹੇ॥੧੦॥	ਬੁੱਝਾਈ	Anthar Naam Raviaa Nihakaeval Thrisanaa Sabadh Bujhaaee Hae ||10||	The Immaculate Naam, the Name of the Lord, permeates the nucleus of their inner being; through the Shabad, their desires are quenched. ||10||	ਉਹਨਾਂ ਦੇ ਅੰਦਰ ਪਰਮਾਤਮਾ ਦਾ ਪਵਿੱਤਰ ਕਰਨ ਵਾਲਾ ਨਾਮ ਸਦਾ ਟਿਕਿਆ ਰਹਿੰਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ (ਉਹਨਾਂ ਨੇ ਆਪਣੇ ਅੰਦਰੋਂ) ਤ੍ਰਿਸ਼ਨਾ (ਦੀ ਅੱਗ) ਬੁਝਾ ਲਈ ਹੁੰਦੀ ਹੈ ॥੧੦॥
44698	1044	ਸਚਾ ਸਬਦੁ ਸਚੀ ਹੈ ਬਾਣੀ॥		Sachaa Sabadh Sachee Hai Baanee ||	True is the Word of the Shabad, and True is the Bani of His Word.	ਸਦਾ-ਥਿਰ ਪਦਾਰਥ ਗੁਰ-ਸ਼ਬਦ ਹੀ ਹੈ, ਸਦਾ-ਥਿਰ ਵਸਤ ਸਿਫ਼ਤ-ਸਾਲਾਹ ਦੀ ਬਾਣੀ ਹੀ ਹੈ।
44699	1044	ਗੁਰਮੁਖਿ ਵਿਰਲੈ ਕਿਨੈ ਪਛਾਣੀ॥		Guramukh Viralai Kinai Pashhaanee ||	How rare is that Gurmukh who realizes this.	ਗੁਰੂ ਦੇ ਸਨਮੁਖ ਰਹਿਣ ਵਾਲੇ ਕਿਸੇ ਵਿਰਲੇ ਮਨੁੱਖ ਨੇ ਇਹ ਗੱਲ ਸਮਝੀ ਹੈ।

44700	1044	ਸਚੈ ਸਬਦਿ ਰਤੇ ਬੈਰਾਗੀ ਆਵਣੁ ਜਾਣੁ ਰਹਾਈ ਹੇ ॥੧੧॥		Sachae Sabadh Rathae Bairaagee Aavan Jaan Rehaaee Hae ||11||	Those who are imbued with the True Shabad are detached. Their comings and goings in reincarnation are ended. ||11||	ਜਿਹੜੇ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਰੰਗੇ ਰਹਿੰਦੇ ਹਨ, ਉਹ ਮਾਇਆ ਤੋਂ ਉਪਰਾਮ ਰਹਿੰਦੇ ਹਨ, ਉਹਨਾਂ ਦਾ ਜੰਮਣ ਮਰਨ (ਦਾ ਗੇੜ) ਮੁੱਕ ਜਾਂਦਾ ਹੈ ॥੧੧॥
44701	1044	ਸਬਦੁ ਬੁਝੈ ਸੋ ਮੈਲੁ ਚੁਕਾਏ॥		Sabadh Bujhai So Mail Chukaaeae ||	One who realizes the Shabad is cleansed of impurities.	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਸਮਝ ਲੈਂਦਾ ਹੈ (ਭਾਵ, ਆਪਣੀ ਬੁੱਧੀ ਦਾ ਹਿੱਸਾ ਬਣਾ ਲੈਂਦਾ ਹੈ) ਉਹ (ਆਪਣੇ ਅੰਦਰੋਂ ਵਿਕਾਰਾਂ ਦੀ) ਮੈਲ ਦੂਰ ਕਰ ਲੈਂਦਾ ਹੈ।
44702	1044	ਨਿਰਮਲ ਨਾਮੁ ਵਸੈ ਮਨਿ ਆਏ॥		Niramal Naam Vasai Man Aaeae ||	The Immaculate Naam abides within his mind.	ਪਰਮਾਤਮਾ ਦਾ ਪਵਿੱਤਰ ਨਾਮ ਉਸ ਦੇ ਮਨ ਵਿਚ ਆ ਵੱਸਦਾ ਹੈ।
44703	1044	ਸਤਿਗੁਰੁ ਅਪਣਾ ਸਦ ਹੀ ਸੇਵਹਿ ਹਉਮੈ ਵਿਚਹੁ ਜਾਈ ਹੇ॥੧੨॥		Sathigur Apanaa Sadh Hee Saevehi Houmai Vichahu Jaaee Hae ||12||	He serves his True Guru forever, and egotism is eradicated from within. ||12||	ਜਿਹੜੇ ਮਨੁੱਖ ਸਦਾ ਆਪਣੇ ਗੁਰੂ ਦੀ ਸਰਨ ਪਏ ਰਹਿੰਦੇ ਹਨ, ਉਹਨਾਂ ਦੇ ਅੰਦਰੋਂ ਹਉਮੈ ਦੂਰ ਹੋ ਜਾਂਦੀ ਹੈ ॥੧੨॥

44704	1044	ਗੁਰ ਤੇ ਬੂਝੈ ਤਾ ਦਰੁ ਸੂਝੈ॥		Gur Thae Boojhai Thaa Dhar Soojhai ||	If one comes to understand, through the Guru, then he comes to know the Lord's Door.	ਜਦੋਂ ਮਨੁੱਖ ਗੁਰੂ ਪਾਸੋਂ (ਸਹੀ ਜੀਵਨ-ਰਾਹ ਦਾ ਉਪਦੇਸ਼) ਸਮਝ ਲੈਂਦਾ ਹੈ, ਤਦੋਂ ਉਸ ਨੂੰ ਪਰਮਾਤਮਾ ਦਾ ਦਰ ਦਿੱਸ ਪੈਂਦਾ ਹੈ (ਭਾਵ, ਉਸ ਨੂੰ ਇਹ ਦਿੱਸ ਪੈਂਦਾ ਹੈ ਕਿ ਹਰਿ-ਨਾਮ ਹੀ ਪ੍ਰਭੂ-ਮਿਲਾਪ ਦਾ ਵਸੀਲਾ ਹੈ)।
44705	1044	ਨਾਮ ਵਿਹੂਣਾ ਕਥਿ ਕਥਿ ਲੂਝੈ॥		Naam Vihoonaa Kathh Kathh Loojhai ||	But without the Naam, one babbles and argues in vain.	ਪਰ ਜਿਹੜਾ ਮਨੁੱਖ ਨਾਮ ਤੋਂ ਸੱਖਣਾ ਹੈ ਉਹ (ਹੋਰਨਾਂ ਨੂੰ) ਵਖਿਆਨ ਕਰ ਕਰ ਕੇ (ਆਪ ਅੰਦਰੋਂ ਤ੍ਰਿਸ਼ਨਾ ਦੀ ਅੱਗ ਵਿਚ) ਸੜਦਾ ਰਹਿੰਦਾ ਹੈ।
44706	1044	ਸਤਿਗੁਰ ਸੇਵੇ ਕੀ ਵਡਿਆਈ ਤ੍ਰਿਸਨਾ ਭੂਖ ਗਵਾਈ ਹੇ॥੧੩॥		Sathigur Saevae Kee Vaddiaaee Thrisanaa Bhookh Gavaaee Hae ||13||	The glory of serving the True Guru is that it eradicates hunger and thirst. ||13||	ਗੁਰੂ ਦੀ ਸਰਨ ਪੈਣ ਦੀ ਬਰਕਤਿ ਇਹ ਹੈ ਕਿ ਮਨੁੱਖ (ਆਪਣੇ ਅੰਦਰੋਂ ਮਾਇਆ ਦੀ) ਤ੍ਰਿਸ਼ਨਾ (ਮਾਇਆ ਦੀ) ਭੁੱਖ ਦੂਰ ਕਰ ਲੈਂਦਾ ਹੈ ॥੧੩॥
44707	1044	ਆਪੇ ਆਪਿ ਮਿਲੈ ਤਾ ਬੂਝੈ॥		Aapae Aap Milai Thaa Boojhai ||	When the Lord unites them with Himself, then they come to understand.	ਪਰ, (ਜੀਵਾਂ ਦੇ ਕੀਹ ਵੱਸ?) ਪਰਮਾਤਮਾ ਆਪ ਹੀ ਜੀਵ ਨੂੰ ਮਿਲ ਪਏ, ਤਦੋਂ ਹੀ ਉਹ (ਸਹੀ ਜੀਵਨ-ਰਾਹ ਨੂੰ) ਸਮਝਦਾ ਹੈ।
44708	1044	ਗਿਆਨ ਵਿਹੂਣਾ ਕਿਛੂ ਨ ਸੂਝੈ॥		Giaan Vihoonaa Kishhoo N Soojhai ||	Without spiritual wisdom, they understand nothing at all.	ਆਤਮਕ ਜੀਵਨ ਦੀ ਸੂਝ ਤੋਂ ਬਿਨਾ ਮਨੁੱਖ ਨੂੰ (ਮਾਇਆ ਦੀ ਤ੍ਰਿਸ਼ਨਾ ਭੁੱਖ ਤੋਂ ਬਿਨਾ ਹੋਰ) ਕੁਝ ਨਹੀਂ ਸੁੱਝਦਾ।

44709	1044	ਗੁਰ ਕੀ ਦਾਤਿ ਸਦਾ ਮਨ ਅੰਤਰਿ ਬਾਣੀ ਸਬਦਿ ਵਜਾਈ ਹੇ॥੧੪॥		Gur Kee Dhaath Sadhaa Man Anthar Baanee Sabadh Vajaaee Hae ||14||	One whose mind is filled with the Guru's gift forever - his inner being resounds with the Shabad, and the Word of the Guru's Bani. ||14||	ਜਿਸ ਮਨੁੱਖ ਦੇ ਮਨ ਵਿਚ ਗੁਰੂ ਦੀ ਬਖ਼ਸ਼ੀ (ਆਤਮਕ ਜੀਵਨ ਦੀ ਸੂਝ ਦੀ) ਦਾਤ ਸਦਾ ਵੱਸਦੀ ਹੈ, ਉਹ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਪ੍ਰਭਾਵ ਆਪਣੇ ਅੰਦਰ ਬਣਾਈ ਰੱਖਦਾ ਹੈ (ਜਿਵੇਂ ਵੱਜ ਰਹੇ ਵਾਜਿਆਂ ਦੇ ਕਾਰਨ ਕੋਈ ਹੋਰ ਨਿੱਕੀ-ਮੋਟੀ ਆਵਾਜ਼ ਨਹੀਂ ਸੁਣੀ ਜਾਂਦੀ) ॥੧੪॥
44710	1044	ਜੋ ਧੁਰਿ ਲਿਖਿਆ ਸੁ ਕਰਮ ਕਮਾਇਆ॥		Jo Dhhur Likhiaa S Karam Kamaaeiaa ||	He acts according to his pre-ordained destiny.	(ਸਾਰੀ ਖੇਡ ਪਰਮਾਤਮਾ ਦੀ ਰਜ਼ਾ ਵਿਚ ਹੋ ਰਹੀ ਹੈ) ਧੁਰ ਦਰਗਾਹ ਤੋਂ (ਰਜ਼ਾ ਅਨੁਸਾਰ ਜੀਵ ਦੇ ਮੱਥੇ ਉਤੇ ਜੋ ਲੇਖ) ਲਿਖਿਆ ਜਾਂਦਾ ਹੈ, ਉਹੀ ਕਰਮ ਜੀਵ ਕਮਾਂਦਾ ਰਹਿੰਦਾ ਹੈ।
44711	1044	ਕੋਇ ਨ ਮੇਟੈ ਧੁਰਿ ਫੁਰਮਾਇਆ॥		Koe N Maettai Dhhur Furamaaeiaa ||	No one can erase the Command of the Primal Lord.	ਧੁਰੋਂ ਹੋਏ ਹੁਕਮ ਨੂੰ ਕੋਈ ਜੀਵ ਮਿਟਾ ਨਹੀਂ ਸਕਦਾ।

44712	1044	ਸਤਸੰਗਤਿ ਮਹਿ ਤਿਨ ਹੀ ਵਾਸਾ ਜਿਨ ਕਉ ਧੁਰਿ ਲਿਖਿ ਪਾਈ ਹੇ॥੧੫॥		Sathasangath Mehi Thin Hee Vaasaa Jin Ko Dhhur Likh Paaee Hae ||15||	They alone dwell in the Sat Sangat, the True Congregation, who have such pre-ordained destiny. ||15||	ਸਾਧ ਸੰਗਤ ਵਿਚ ਉਹਨਾਂ ਮਨੁੱਖਾਂ ਨੂੰ ਹੀ ਬਹਿਣ ਦਾ ਅਵਸਰ ਮਿਲਦਾ ਹੈ, ਜਿਨ੍ਹਾਂ ਦੇ ਮੱਥੇ ਉੱਤੇ ਧੁਰੋਂ ਲਿਖ ਕੇ ਇਹ ਬਖ਼ਸ਼ਸ਼ ਸੌਂਪੀ ਜਾਂਦੀ ਹੈ ॥੧੫॥
44713	1044	ਅਪਣੀ ਨਦਰਿ ਕਰੇ ਸੋ ਪਾਏ॥		Apanee Nadhar Karae So Paaeae ||	He alone finds the Lord, unto whom He grants His Grace.	(ਸਾਧ ਸੰਗਤ ਵਿਚ ਟਿਕਣ ਦੀ ਦਾਤਿ) ਉਹ ਮਨੁੱਖ ਹਾਸਲ ਕਰਦਾ ਹੈ, ਜਿਸ ਉੱਤੇ ਪਰਮਾਤਮਾ ਆਪਣੀ ਮਿਹਰ ਦੀ ਨਿਗਾਹ ਕਰਦਾ ਹੈ।
44714	1044	ਸਚੈ ਸਬਦਿ ਤਾੜੀ ਚਿਤੁ ਲਾਏ॥		Sachai Sabadh Thaarree Chith Laaeae ||	He links his consciousness to the deep meditative state of the True Shabad.	ਉਹ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਵਿਚ ਆਪਣਾ ਮਨ ਜੋੜਦਾ ਹੈ-ਇਹੀ ਹੈ (ਉਸ ਦੀ ਜੋਗੀਆਂ ਵਾਲੀ) ਸਮਾਧੀ।
44715	1044	ਨਾਨਕ ਦਾਸੁ ਕਹੈ ਬੇਨੰਤੀ ਭੀਖਿਆ ਨਾਮੁ ਦਰਿ ਪਾਈ ਹੇ॥੧੬॥੧॥		Naanak Dhaas Kehai Baenanthee Bheekhiaa Naam Dhar Paaee Hae ||16||1||	Nanak, Your slave, offers this humble prayer; I stand at Your Door, begging for Your Name. ||16||1||	(ਪ੍ਰਭੂ ਦਾ) ਦਾਸ ਨਾਨਕ ਬੇਨਤੀ ਕਰਦਾ ਹੈ (ਕਿ ਉਹ ਮਨੁੱਖ ਪ੍ਰਭੂ ਦੇ) ਦਰ ਤੇ (ਹਾਜ਼ਰ ਰਹਿ ਕੇ) ਪ੍ਰਭੂ ਦਾ ਨਾਮ-ਭਿੱਛਿਆ ਪ੍ਰਾਪਤ ਕਰ ਲੈਂਦਾ ਹੈ ॥੧੬॥੧॥
44716	1044	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
44717	1044	ਏਕੋ ਏਕੁ ਵਰਤੈ ਸਭੁ ਸੋਈ॥		Eaeko Eaek Varathai Sabh Soee ||	The One and only Lord is pervading and permeating everywhere.	ਸਿਰਫ਼ ਇਕ ਉਹ ਪਰਮਾਤਮਾ ਹੀ ਹਰ ਥਾਂ ਮੌਜੂਦ ਹੈ।

44718	1044	ਗੁਰਮੁਖਿ ਵਿਰਲਾ ਬੂਝੈ ਕੋਈ॥		Guramukh Viralaa Boojhai Koee ||	How rare is that person, who as Gurmukh, understands this.	ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਵਿਰਲਾ ਮਨੁੱਖ (ਇਸ ਭੇਤ ਨੂੰ) ਸਮਝਦਾ ਹੈ,
44719	1044	ਏਕੋ ਰਵਿ ਰਹਿਆ ਸਭ ਅੰਤਰਿ ਤਿਸੁ ਬਿਨੁ ਅਵਰੁ ਨ ਕੋਈ ਹੇ॥੧॥		Eaeko Rav Rehiaa Sabh Anthar This Bin Avar N Koee Hae ||1||	The One Lord is permeating and pervading, deep within the nucleus of all. Without Him, there is no other at all. ||1||	ਕਿ ਸਭ ਜੀਵਾਂ ਦੇ ਅੰਦਰ ਇਕ ਪਰਮਾਤਮਾ ਹੀ ਵਿਆਪਕ ਹੈ, ਉਸ (ਪਰਾਮਤਮਾ) ਤੋਂ ਬਿਨਾ ਹੋਰ ਕੋਈ ਦੂਜਾ ਨਹੀਂ ॥੧॥
44720	1044	ਲਖ ਚਉਰਾਸੀਹ ਜੀਅ ਉਪਾਏ॥		Lakh Chouraaseeh Jeea Oupaaeae ||	He created the 8.4 millions species of beings.	(ਉਸ ਪਰਮਾਤਮਾ ਨੇ ਹੀ) ਚੌਰਾਸੀ ਲੱਖ ਜੂਨਾਂ ਦੇ ਜੀਵ ਪੈਦਾ ਕੀਤੇ ਹਨ।
44721	1045	ਗਿਆਨੀ ਧਿਆਨੀ ਆਖਿ ਸੁਣਾਏ॥		Giaanee Dhhiaanee Aakh Sunaaeae ||	The spiritual teachers and meditators proclaim this.	ਸਿਆਣੇ ਮਨੁੱਖ ਤੇ ਸਮਾਧੀਆਂ ਲਾਣ ਵਾਲੇ ਭੀ (ਇਹੀ ਗੱਲ) ਆਖ ਕੇ ਸੁਣਾ ਗਏ ਹਨ।
44722	1045	ਸਭਨਾ ਰਿਜਕੁ ਸਮਾਹੇ ਆਪੇ ਕੀਮਤਿ ਹੋਰ ਨ ਹੋਈ ਹੇ॥੨॥		Sabhanaa Rijak Samaahae Aapae Keemath Hor N Hoee Hae ||2||	He Himself nourishes all; no one else can estimate His value. ||2||	ਉਹ ਪਰਮਾਤਮਾ ਆਪ ਹੀ ਸਭ ਜੀਵਾਂ ਨੂੰ ਰਿਜ਼ਕ ਅਪੜਾਂਦਾ ਹੈ। ਉਸ ਪਰਮਾਤਮਾ ਦੇ ਬਰਾਬਰ ਦੀ ਹੋਰ ਕੋਈ ਹਸਤੀ ਨਹੀਂ ਹੈ ॥੨॥
44723	1045	ਮਾਇਆ ਮੋਹੁ ਅੰਧੁ ਅੰਧਾਰਾ॥		Maaeiaa Mohu Andhh Andhhaaraa ||	Love and attachment to Maya are utter darkness.	(ਜਗਤ ਵਿਚ ਹਰ ਥਾਂ) ਮਾਇਆ ਦਾ ਮੋਹ (ਭੀ ਪ੍ਰਬਲ) ਹੈ, (ਮੋਹ ਦੇ ਕਾਰਨ ਜਗਤ) ਘੁੱਪ ਹਨੇਰਾ ਬਣਿਆ ਪਿਆ ਹੈ।

44724	1045	ਹਉਮੈ ਮੇਰਾ ਪਸਰਿਆ ਪਾਸਾਰਾ॥		Houmai Maeraa Pasariaa Paasaaraa ||	Egotism and possessiveness have spread throughout the expanse of the universe.	(ਹਰ ਪਾਸੇ) ਹਉਮੈ ਤੇ ਮਮਤਾ ਦਾ ਖਿਲਾਰਾ ਖਿਲਰਿਆ ਹੋਇਆ ਹੈ।
44725	1045	ਅਨਦਿਨੁ ਜਲਤ ਰਹੈ ਦਿਨੁ ਰਾਤੀ ਗੁਰ ਬਿਨੁ ਸਾਂਤਿ ਨ ਹੋਈ ਹੇ॥੩॥		Anadhin Jalath Rehai Dhin Raathee Gur Bin Saanth N Hoee Hae ||3||	Night and day, they burn, day and night; without the Guru, there is no peace or tranquility. ||3||	ਜਗਤ ਹਰ ਵੇਲੇ ਦਿਨ ਰਾਤ (ਤ੍ਰਿਸ਼ਨਾ ਦੀ ਅੱਗ ਵਿਚ) ਸੜ ਰਿਹਾ ਹੈ। ਗੁਰੂ ਦੀ ਸਰਨ ਤੋਂ ਬਿਨਾ ਸ਼ਾਂਤੀ ਪ੍ਰਾਪਤ ਨਹੀਂ ਹੁੰਦੀ ॥੩॥
44726	1045	ਆਪੇ ਜੋੜਿ ਵਿਛੋੜੇ ਆਪੇ॥		Aapae Jorr Vishhorrae Aapae ||	He Himself unites, and He Himself separates.	ਪਰਮਾਤਮਾ ਆਪ ਹੀ (ਜੀਵਾਂ ਨੂੰ) ਜੋੜ ਕੇ (ਇਥੇ ਪਰਵਾਰਾਂ ਵਿਚ ਇਕੱਠੇ ਕਰ ਕੇ) ਆਪ ਹੀ (ਇਹਨਾਂ ਨੂੰ ਆਪੇ ਵਿਚੋਂ) ਵਿਛੋੜ ਦੇਂਦਾ ਹੈ।
44727	1045	ਆਪੇ ਥਾਪਿ ਉਥਾਪੇ ਆਪੇ॥		Aapae Thhaap Outhhaapae Aapae ||	He Himself establishes, and He Himself disestablishes.	ਆਪ ਹੀ ਪੈਦਾ ਕਰ ਕੇ ਆਪ ਹੀ ਨਾਸ ਕਰਦਾ ਹੈ।
44728	1045	ਸਚਾ ਹੁਕਮੁ ਸਚਾ ਪਾਸਾਰਾ ਹੋਰਨਿ ਹੁਕਮੁ ਨ ਹੋਈ ਹੇ॥੪॥		Sachaa Hukam Sachaa Paasaaraa Horan Hukam N Hoee Hae ||4||	True is the Hukam of His Command, and True is the expanse of His universe. No one else can issue any Command. ||4||	ਪਰਮਾਤਮਾ ਦਾ ਹੁਕਮ ਅਟੱਲ ਹੈ, (ਉਸ ਦੇ ਹੁਕਮ ਵਿਚ ਪੈਦਾ ਹੋਇਆ ਇਹ) ਜਗਤ-ਪਸਾਰਾ ਭੀ ਸਚ-ਮੁਚ ਹੋਂਦ ਵਾਲਾ ਹੈ। ਕਿਸੇ ਹੋਰ ਪਾਸੋਂ (ਅਜਿਹਾ) ਹੁਕਮ ਨਹੀਂ ਚਲਾਇਆ ਜਾ ਸਕਦਾ ॥੪॥

44729	1045	ਆਪੇ ਲਾਇ ਲਏ ਸੋ ਲਾਗੈ॥		Aapae Laae Leae So Laagai ||	He alone is attached to the Lord, whom the Lord attaches to Himself.	ਜਿਸ ਮਨੁੱਖ ਨੂੰ ਪਰਮਾਤਮਾ ਆਪ ਹੀ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ, ਉਹ ਮਨੁੱਖ (ਪ੍ਰਭੂ ਦੀ ਭਗਤੀ ਵਿਚ) ਲੱਗਦਾ ਹੈ।
44730	1045	ਗੁਰ ਪਰਸਾਦੀ ਜਮ ਕਾ ਭਉ ਭਾਗੈ॥		Gur Parasaadhee Jam Kaa Bho Bhaagai ||	By Guru's Grace, the fear of death runs away.	ਗੁਰੂ ਦੀ ਕਿਰਪਾ ਨਾਲ (ਉਸ ਦੇ ਅੰਦਰੋਂ) ਮੌਤ ਦਾ ਡਰ ਦੂਰ ਹੋ ਜਾਂਦਾ ਹੈ।
44731	1045	ਅੰਤਰਿ ਸਬਦੁ ਸਦਾ ਸੁਖਦਾਤਾ ਗੁਰਮੁਖਿ ਬੂਝੈ ਕੋਈ ਹੇ॥੫॥		Anthar Sabadh Sadhaa Sukhadhaathaa Guramukh Boojhai Koee Hae ||5||	The Shabad, the Giver of peace, dwells forever deep within the nucleus of the self. One who is Gurmukh understands. ||5||	ਉਸ ਦੇ ਅੰਦਰ ਸਦਾ ਆਤਮਕ ਆਨੰਦ ਦੇਣ ਵਾਲਾ ਗੁਰ-ਸ਼ਬਦ ਵੱਸਿਆ ਰਹਿੰਦਾ ਹੈ। ਗੁਰੂ ਦੇ ਸਨਮੁਖ ਰਹਿਣ ਵਾਲਾ ਹੀ ਕੋਈ ਮਨੁੱਖ (ਇਸ ਭੇਤ ਨੂੰ) ਸਮਝਦਾ ਹੈ ॥੫॥
44732	1045	ਆਪੇ ਮੇਲੇ ਮੇਲਿ ਮਿਲਾਏ॥		Aapae Maelae Mael Milaaeae ||	God Himself unites those united in His Union.	ਪਰਮਾਤਮਾ ਆਪ ਹੀ (ਪੂਰਬਲੇ ਲਿਖੇ ਅਨੁਸਾਰ ਜੀਵ ਨੂੰ ਗੁਰੂ-ਚਰਨਾਂ ਵਿਚ) ਜੋੜ ਕੇ (ਆਪਣੇ ਨਾਲ) ਮਿਲਾਂਦਾ ਹੈ।
44733	1045	ਪੂਰਬਿ ਲਿਖਿਆ ਸੋ ਮੇਟਣਾ ਨ ਜਾਏ॥		Purab Likhiaa So Maettanaa N Jaaeae ||	Whatever is pre-ordained by destiny, cannot be erased.	ਪੂਰਬਲੇ ਕੀਤੇ ਕਰਮਾਂ ਅਨੁਸਾਰ ਜੋ ਲੇਖ (ਮੱਥੇ ਤੇ) ਲਿਖਿਆ ਜਾਂਦਾ ਹੈ, ਉਹ (ਜੀਵ ਪਾਸੋਂ) ਮਿਟਾਇਆ ਨਹੀਂ ਜਾ ਸਕਦਾ।

44734	1045	ਅਨਦਿਨੁ ਭਗਤਿ ਕਰੇ ਦਿਨੁ ਰਾਤੀ ਗੁਰਮੁਖਿ ਸੇਵਾ ਹੋਈ ਹੇ॥੬॥	(ਅਨਦਿਨੁ) ਇੱਕ ਰਸ	Anadhin Bhagath Karae Dhin Raathee Guramukh Saevaa Hoee Hae ||6||	Night and day, His devotees worship Him, day and night; one who becomes Gurmukh serves Him. ||6||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਹਰ ਵੇਲੇ ਦਿਨ ਰਾਤ ਪਰਮਾਤਮਾ ਦੀ ਭਗਤੀ ਕਰਦਾ ਹੈ, ਗੁਰੂ ਦੀ ਸਰਨ ਪਿਆਂ ਹੀ ਭਗਤੀ ਹੋ ਸਕਦੀ ਹੈ ॥੬॥
44735	1045	ਸਤਿਗੁਰੁ ਸੇਵਿ ਸਦਾ ਸੁਖੁ ਜਾਤਾ॥		Sathigur Saev Sadhaa Sukh Jaathaa ||	Serving the True Guru, lasting peace is experienced.	ਗੁਰੂ ਦੀ ਸਰਨ ਪੈ ਕੇ ਸਦਾ ਆਤਮਕ ਆਨੰਦ ਮਾਣਿਆ ਜਾ ਸਕਦਾ ਹੈ,
44736	1045	ਆਪੇ ਆਇ ਮਿਲਿਆ ਸਭਨਾ ਕਾ ਦਾਤਾ॥		Aapae Aae Miliaa Sabhanaa Kaa Dhaathaa ||	He Himself, the Giver of all, has come and met me.	ਸਭਨਾਂ ਨੂੰ ਦਾਤਾਂ ਦੇਣ ਵਾਲਾ ਪ੍ਰਭੂ ਭੀ (ਗੁਰੂ ਦੀ ਸਰਨ ਪਿਆਂ) ਆਪ ਹੀ ਆ ਮਿਲਦਾ ਹੈ।
44737	1045	ਹਉਮੈ ਮਾਰਿ ਤ੍ਰਿਸਨਾ ਅਗਨਿ ਨਿਵਾਰੀ ਸਬਦੁ ਚੀਨਿ ਸੁਖੁ ਹੋਈ ਹੇ॥੭॥		Houmai Maar Thrisanaa Agan Nivaaree Sabadh Cheen Sukh Hoee Hae ||7||	Subduing egotism, the fire of thirst has been extinguished; contemplating the Word of the Shabad, peace is found. ||7||	(ਗੁਰੂ ਦੀ ਸਰਨ ਪੈਣ ਵਾਲਾ ਮਨੁੱਖ ਆਪਣੇ ਅੰਦਰੋਂ) ਹਉਮੈ ਮਾਰ ਕੇ ਤ੍ਰਿਸ਼ਨਾ ਦੀ ਅੱਗ ਬੁਝਾ ਲੈਂਦਾ ਹੈ। ਗੁਰੂ ਦੇ ਸ਼ਬਦ ਨੂੰ ਪਛਾਣਿਆਂ ਹੀ ਸੁਖ ਮਿਲ ਸਕਦਾ ਹੈ ॥੭॥
44738	1045	ਕਾਇਆ ਕੁਟੰਬੁ ਮੋਹੁ ਨ ਬੂਝੈ॥		Kaaeiaa Kuttanb Mohu N Boojhai ||	One who is attached to his body and family, does not understand.	(ਜਿਸ ਮਨੁੱਖ ਨੂੰ) ਸਰੀਰ ਦਾ ਮੋਹ (ਗ੍ਰਸ ਰਿਹਾ ਹੈ) ਪਰਵਾਰ (ਦਾ ਮੋਹ ਗ੍ਰਸ ਰਿਹਾ ਹੈ) (ਉਹ ਮਨੁੱਖ ਆਤਮਕ ਜੀਵਨ ਦੀ ਖੇਡ ਨੂੰ) ਨਹੀਂ ਸਮਝਦਾ।

44739	1045	ਗੁਰਮੁਖਿ ਹੋਵੈ ਤ ਆਖੀ ਸੂਝੈ॥		Guramukh Hovai Th Aakhee Soojhai ||	But one who becomes Gurmukh, sees the Lord with his eyes.	ਜੇ ਮਨੁੱਖ ਗੁਰੂ ਦੀ ਸਰਨ ਪੈ ਜਾਏ, ਤਾਂ ਇਸ ਨੂੰ ਇਹਨਾਂ ਅੱਖਾਂ ਨਾਲ ਸਭ ਕੁਝ ਦਿੱਸ ਪੈਂਦਾ ਹੈ।
44740	1045	ਅਨਦਿਨੁ ਨਾਮੁ ਰਵੈ ਦਿਨੁ ਰਾਤੀ ਮਿਲਿ ਪ੍ਰੀਤਮ ਸੁਖੁ ਹੋਈ ਹੇ॥੮॥		Anadhin Naam Ravai Dhin Raathee Mil Preetham Sukh Hoee Hae ||8||	Night and day, he chants the Naam, day and night; meeting with his Beloved, he finds peace. ||8||	ਉਹ ਮਨੁੱਖ ਹਰ ਵੇਲੇ ਦਿਨ ਰਾਤ ਪਰਮਾਤਮਾ ਦਾ ਨਾਮ ਜਪਣ ਲੱਗ ਪੈਂਦਾ ਹੈ, ਪ੍ਰੀਤਮ ਪ੍ਰਭੂ ਨੂੰ ਮਿਲ ਕੇ ਉਸ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ ॥੮॥
44741	1045	ਮਨਮੁਖ ਧਾਤੁ ਦੂਜੈ ਹੈ ਲਾਗਾ॥		Manamukh Dhhaath Dhoojai Hai Laagaa ||	The self-willed manmukh wanders distracted, attached to duality.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੂੰ ਮਾਇਆ (ਗ੍ਰਸੀ ਰੱਖਦੀ ਹੈ, ਉਹ ਮਨੁੱਖ) ਮਾਇਆ (ਦੇ ਆਹਰ) ਵਿਚ ਰੁੱਝਾ ਰਹਿੰਦਾ ਹੈ।
44742	1045	ਜਨਮਤ ਕੀ ਨ ਮੂਓ ਆਭਾਗਾ॥		Janamath Kee N Mooou Aabhaagaa ||	That unfortunate wretch - why didn't he just die as soon as he was born?	ਪਰ ਉਹ ਬਦ-ਨਸੀਬ ਜੰਮਦਾ ਹੀ ਕਿਉਂ ਨ ਮਰ ਗਿਆ?
44743	1045	ਆਵਤ ਜਾਤ ਬਿਰਥਾ ਜਨਮੁ ਗਵਾਇਆ ਬਿਨੁ ਗੁਰ ਮੁਕਤਿ ਨ ਹੋਈ ਹੇ॥੯॥		Aavath Jaath Birathhaa Janam Gavaaeiaa Bin Gur Mukath N Hoee Hae ||9||	Coming and going, he wastes away his life in vain. Without the Guru, liberation is not obtained. ||9||	ਉਹ ਜਨਮ ਮਰਨ ਦੇ ਗੇੜ ਵਿਚ ਪਿਆ ਹੋਇਆ ਵਿਅਰਥ ਜਨਮ ਗਵਾ ਜਾਂਦਾ ਹੈ। ਗੁਰੂ ਤੋਂ ਬਿਨਾ (ਇਸ ਗੇੜ ਵਿਚੋਂ) ਖ਼ਲਾਸੀ ਨਹੀਂ ਹੁੰਦੀ ॥੯॥

44744	1045	ਕਾਇਆ ਕੁਸੁਧ ਹਉਮੈ ਮਲੁ ਲਾਈ॥		Kaaeiaa Kusudhh Houmai Mal Laaee ||	That body which is stained with the filth of egotism is false and impure.	ਉਹ ਸਰੀਰ ਅਪਵਿੱਤਰ ਹੈ ਜਿਸ ਨੂੰ ਹਉਮੈ ਦੀ ਮੈਲ ਲੱਗੀ ਹੋਈ ਹੈ।
44745	1045	ਜੇ ਸਉ ਧੋਵਹਿ ਤਾ ਮੈਲੁ ਨ ਜਾਈ॥		Jae So Dhhovehi Thaa Mail N Jaaee ||	It may be washed a hundred times, but its filth is still not removed.	ਜੇ (ਅਜੇਹੇ ਸਰੀਰ ਨੂੰ ਤੀਰਥ ਆਦਿਕਾਂ ਉਤੇ ਲੋਕ) ਸੌ ਵਾਰੀ ਭੀ ਧੋਂਦੇ ਰਹਿਣ, ਤਾਂ ਭੀ ਇਹ ਮੈਲ ਦੂਰ ਨਹੀਂ ਹੁੰਦੀ।
44746	1045	ਸਬਦਿ ਧੋਪੈ ਤਾ ਹਛੀ ਹੋਵੈ ਫਿਰਿ ਮੈਲੀ ਮੂਲਿ ਨ ਹੋਈ ਹੇ॥੧੦॥		Sabadh Dhhopai Thaa Hashhee Hovai Fir Mailee Mool N Hoee Hae ||10||	But if it is washed with the Word of the Shabad, then it is truly cleansed, and it shall never be soiled again. ||10||	(ਜੇ ਮਨੁੱਖ ਦਾ ਹਿਰਦਾ) ਗੁਰੂ ਦੇ ਸ਼ਬਦ ਨਾਲ ਧੋਤਾ ਜਾਏ, ਤਾਂ ਸਰੀਰ ਪਵਿੱਤਰ ਹੋ ਜਾਂਦਾ ਹੈ, ਮੁੜ ਸਰੀਰ (ਹਉਮੈ ਦੀ ਮੈਲ ਨਾਲ) ਕਦੇ ਗੰਦਾ ਨਹੀਂ ਹੁੰਦਾ ॥੧੦॥
44747	1045	ਪੰਚ ਦੂਤ ਕਾਇਆ ਸੰਘਾਰਹਿ॥		Panch Dhooth Kaaeiaa Sanghaarehi ||	The five demons destroy the body.	ਕਾਮਾਦਿਕ ਪੰਜੇ ਵੈਰੀ ਉਹਨਾਂ ਦੇ ਸਰੀਰ ਨੂੰ ਗਾਲਦੇ ਰਹਿੰਦੇ ਹਨ,
44748	1045	ਮਰਿ ਮਰਿ ਜੰਮਹਿ ਸਬਦੁ ਨ ਵੀਚਾਰਹਿ॥		Mar Mar Janmehi Sabadh N Veechaarehi ||	He dies and dies again, only to be reincarnated; he does not contemplate the Shabad.	ਜਿਹੜੇ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਮਨ ਵਿਚ ਨਹੀਂ ਵਸਾਂਦੇ। ਉਹ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ।

44749	1045	ਅੰਤਰਿ ਮਾਇਆ ਮੋਹ ਗੁਬਾਰਾ ਜਿਉ ਸੁਪਨੈ ਸੁਧਿ ਨ ਹੋਈ ਹੇ॥੧੧॥		Anthar Maaeiaa Moh Gubaaraa Jio Supanai Sudhh N Hoee Hae ||11||	The darkness of emotional attachment to Maya is within his inner being; as if in a dream, he does not understand. ||11||	ਉਹਨਾਂ ਦੇ ਅੰਦਰ ਮਾਇਆ ਦੇ ਮੋਹ ਦਾ ਹਨੇਰਾ ਪਿਆ ਰਹਿੰਦਾ ਹੈ, ਉਹਨਾਂ ਨੂੰ ਆਪਣੇ ਆਪ ਦੀ ਸੋਝੀ ਨਹੀਂ ਹੁੰਦੀ, ਉਹ ਇਉਂ ਹਨ ਜਿਵੇਂ ਸੁਪਨੇ ਵਿਚ ਹਨ ॥੧੧॥
44750	1045	ਇਕਿ ਪੰਚਾ ਮਾਰਿ ਸਬਦਿ ਹੈ ਲਾਗੇ॥		Eik Panchaa Maar Sabadh Hai Laagae ||	Some conquer the five demons, by being attached to the Shabad.	ਉਹ ਮਨੁੱਖ ਕਾਮਾਦਿਕ ਪੰਜਾਂ ਨੂੰ ਮਾਰ ਕੇ ਗੁਰੂ ਦੇ ਸ਼ਬਦ ਵਿਚ ਲੀਨ ਰਹਿੰਦੇ ਹਨ;
44751	1045	ਸਤਿਗੁਰੁ ਆਇ ਮਿਲਿਆ ਵਡਭਾਗੇ॥		Sathigur Aae Miliaa Vaddabhaagae ||	They are blessed and very fortunate; the True Guru comes to meet them.	ਜਿਨ੍ਹਾਂ ਵੱਡੇ ਭਾਗਾਂ ਵਾਲਿਆਂ ਨੂੰ ਗੁਰੂ ਆ ਮਿਲਿਆ ਹੈ।
44752	1045	ਅੰਤਰਿ ਸਾਚੁ ਰਵਹਿ ਰੰਗਿ ਰਾਤੇ ਸਹਜਿ ਸਮਾਵੈ ਸੋਈ ਹੇ॥੧੨॥		Anthar Saach Ravehi Rang Raathae Sehaj Samaavai Soee Hae ||12||	Within the nucleus of their inner being, they dwell upon the Truth; attuned to the Lord's Love, they intuitively merge in Him. ||12||	ਆਪਣੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਨੂੰ ਯਾਦ ਕਰਦੇ ਰਹਿੰਦੇ ਹਨ, ਉਹ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ। (ਜਿਹੜਾ ਮਨੁੱਖ ਪ੍ਰੇਮ-ਰੰਗ ਵਿਚ ਰੰਗਿਆ ਜਾਂਦਾ ਹੈ) ਉਹੀ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ॥੧੨॥
44753	1045	ਗੁਰ ਕੀ ਚਾਲ ਗੁਰੂ ਤੇ ਜਾਪੈ॥		Gur Kee Chaal Guroo Thae Jaapai ||	The Guru's Way is known through the Guru.	ਗੁਰੂ ਵਾਲੀ ਜੀਵਨ-ਜੁਗਤਿ ਗੁਰੂ ਪਾਸੋਂ ਹੀ ਸਿੱਖੀ ਜਾ ਸਕਦੀ ਹੈ।

44754	1045	ਪੂਰਾ ਸੇਵਕੁ ਸਬਦਿ ਸਿਞਾਪੈ॥		Pooraa Saevak Sabadh Sinjaapai ||	His perfect servant attains realization through the Shabad.	ਗੁਰੂ ਦੇ ਸ਼ਬਦ ਵਿਚ ਜੁੜਿਆ ਹੋਇਆ ਮਨੁੱਖ ਹੀ ਪੂਰਨ ਸੇਵਕ ਸਿੰਞਾਣਿਆ ਜਾਂਦਾ ਹੈ;
44755	1045	ਸਦਾ ਸਬਦੁ ਰਵੈ ਘਟ ਅੰਤਰਿ ਰਸਨਾ ਰਸੁ ਚਾਖੈ ਸਚੁ ਸੋਈ ਹੇ॥੧੩॥		Sadhaa Sabadh Ravai Ghatt Anthar Rasanaa Ras Chaakhai Sach Soee Hae ||13||	Deep within his heart, he dwells forever upon the Shabad; he tastes the sublime essence of the True Lord with his tongue. ||13||	ਉਹੀ ਮਨੁੱਖ ਆਪਣੀ ਜੀਭ ਨਾਲ ਸਦਾ-ਥਿਰ ਨਾਮ-ਰਸ ਚੱਖਦਾ ਰਹਿੰਦਾ ਹੈ ਅਤੇ ਆਪਣੇ ਹਿਰਦੇ ਵਿਚ ਗੁਰੂ ਦਾ ਸ਼ਬਦ ਸਦਾ ਵਸਾਈ ਰੱਖਦਾ ਹੈ ॥੧੩॥
44756	1045	ਹਉਮੈ ਮਾਰੇ ਸਬਦਿ ਨਿਵਾਰੇ॥		Houmai Maarae Sabadh Nivaarae ||	Egotism is conquered and subdued by the Shabad.	(ਪੂਰਨ ਸੇਵਕ) ਗੁਰੂ ਦੇ ਸ਼ਬਦ ਦੀ ਰਾਹੀਂ ਆਪਣੀ ਹਉਮੈ ਮਾਰ ਮੁਕਾਂਦਾ ਹੈ, ਆਪਾ-ਭਾਵ ਦੂਰ ਕਰ ਦੇਂਦਾ ਹੈ,
44757	1045	ਹਰਿ ਕਾ ਨਾਮੁ ਰਖੈ ਉਰਿ ਧਾਰੇ॥		Har Kaa Naam Rakhai Our Dhhaarae ||	I have enshrined the Name of the Lord within my heart.	ਅਤੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ।
44758	1045	ਏਕਸੁ ਬਿਨੁ ਹਉ ਹੋਰੁ ਨ ਜਾਣਾ ਸਹਜੇ ਹੋਇ ਸੁ ਹੋਈ ਹੇ॥੧੪॥		Eaekas Bin Ho Hor N Jaanaa Sehajae Hoe S Hoee Hae ||14||	Other than the One Lord, I know nothing at all. Whatever will be, will automatically be. ||14||	(ਪੂਰਨ ਸੇਵਕ ਇਹੀ ਯਕੀਨ ਰੱਖਦਾ ਹੈ-) ਇਕ ਪਰਮਾਤਮਾ ਤੋਂ ਬਿਨਾ ਮੈਂ ਹੋਰ ਕਿਸੇ ਨੂੰ (ਉਸ ਵਰਗਾ) ਨਹੀਂ ਸਮਝਦਾ, ਜੋ ਕੁਝ ਉਸ ਦੀ ਰਜ਼ਾ ਵਿਚ ਹੋ ਰਿਹਾ ਹੈ ਉਹੀ ਠੀਕ ਹੋ ਰਿਹਾ ਹੈ ॥੧੪॥
44759	1045	ਬਿਨੁ ਸਤਿਗੁਰ ਸਹਜੁ ਕਿਨੈ ਨਹੀ ਪਾਇਆ॥		Bin Sathigur Sehaj Kinai Nehee Paaeiaa ||	Without the True Guru, no one obtains intuitive wisdom.	ਗੁਰੂ ਦੀ ਸਰਨ ਤੋਂ ਬਿਨਾ ਕਿਸੇ ਮਨੁੱਖ ਨੇ ਆਤਮਕ ਅਡੋਲਤਾ ਪ੍ਰਾਪਤ ਨਹੀਂ ਕੀਤੀ।

44760	1045	ਗੁਰਮੁਖਿ ਬੂਝੈ ਸਚਿ ਸਮਾਇਆ॥		Guramukh Boojhai Sach Samaaeiaa ||	The Gurmukh understands, and is immersed in the True Lord.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਹੀ ਇਸ ਨੂੰ ਸਮਝਦਾ ਹੈ ਅਤੇ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ।
44761	1045	ਸਚਾ ਸੇਵਿ ਸਬਦਿ ਸਚ ਰਾਤੇ ਹਉਮੈ ਸਬਦੇ ਖੋਈ ਹੇ॥੧੫॥		Sachaa Saev Sabadh Sach Raathae Houmai Sabadhae Khoee Hae ||15||	He serves the True Lord, and is attuned to the True Shabad. The Shabad banishes egotism. ||15||	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਵਿਚ ਰੱਤੇ ਹੋਏ ਮਨੁੱਖ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਹਉਮੈ ਦੂਰ ਕਰ ਲੈਂਦੇ ਹਨ ॥੧੫॥
44762	1045	ਆਪੇ ਗੁਣਦਾਤਾ ਬੀਚਾਰੀ॥		Aapae Gunadhaathaa Beechaaree ||	He Himself is the Giver of virtue, the Contemplative Lord.	ਹੇ ਪ੍ਰਭੂ! ਤੂੰ ਆਪ ਹੀ (ਯੋਗ ਪਾਤ੍ਰ) ਵਿਚਾਰ ਕੇ (ਜੀਵਾਂ ਨੂੰ ਆਪਣੇ) ਗੁਣਾਂ ਦੀ ਦਾਤ ਦੇਣ ਵਾਲਾ ਹੈਂ;
44763	1045	ਗੁਰਮੁਖਿ ਦੇਵਹਿ ਪਕੀ ਸਾਰੀ॥		Guramukh Dhaevehi Pakee Saaree ||	The Gurmukh is given the winning dice.	ਜਿਨ੍ਹਾਂ ਨੂੰ ਤੂੰ ਗੁਰੂ ਦੀ ਰਾਹੀਂ (ਆਪਣੇ ਗੁਣਾਂ ਦੀ ਦਾਤਿ) ਦੇਂਦਾ ਹੈਂ ਉਹ ਇਸ ਜੀਵਨ-ਖੇਡ ਵਿਚ ਪੁੱਗ ਜਾਂਦੇ ਹਨ।
44764	1045	ਨਾਨਕ ਨਾਮਿ ਸਮਾਵਹਿ ਸਾਚੈ ਸਾਚੇ ਤੇ ਪਤਿ ਹੋਈ ਹੇ॥੧੬॥੨॥		Naanak Naam Samaavehi Saachai Saachae Thae Path Hoee Hae ||16||2||	O Nanak, immersed in the Naam, the Name of the Lord, one becomes true; from the True Lord, honor is obtained. ||16||2||	ਹੇ ਨਾਨਕ! ਉਹ ਮਨੁੱਖ ਨਾਮ ਵਿਚ ਲੀਨ ਰਹਿੰਦੇ ਹਨ, ਸਦਾ-ਥਿਰ ਪ੍ਰਭੂ ਤੋਂ ਹੀ ਉਹਨਾਂ ਨੂੰ (ਲੋਕ ਪਰਲੋਕ ਦੀ) ਇੱਜ਼ਤ ਮਿਲਦੀ ਹੈ ॥੧੬॥੨॥
44765	1045	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	

44766	1045	ਜਗਜੀਵਨੁ ਸਾਚਾ ਏਕੋ ਦਾਤਾ॥		Jagajeevan Saachaa Eaeko Dhaathaa ||	One One True Lord is the Life of the World, the Great Giver.	ਜਿਹੜਾ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ ਅਤੇ (ਸਾਰੇ) ਜਗਤ ਦਾ ਸਹਾਰਾ ਹੈ, ਉਹੀ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ।
44767	1045	ਗੁਰ ਸੇਵਾ ਤੇ ਸਬਦਿ ਪਛਾਤਾ॥		Gur Saevaa Thae Sabadh Pashhaathaa ||	Serving the Guru, through the Word of the Shabad, He is realized.	ਗੁਰੂ ਦੀ ਸਰਨ ਪਿਆਂ, ਗੁਰੂ ਦੇ ਸ਼ਬਦ ਦੀ ਰਾਹੀਂ ਹੀ ਉਸ ਨਾਲ ਡੂੰਘੀ ਸਾਂਝ ਪੈ ਸਕਦੀ ਹੈ।
44768	1046	ਏਕੋ ਅਮਰੁ ਏਕਾ ਪਤਿਸਾਹੀ ਜੁਗੁ ਜੁਗੁ ਸਿਰਿਕਾਰ ਬਣਾਈ ਹੇ॥੧॥	(ਸਿਰਿਕਾਰ) ਪਤਿਸਾਹੀ	Eaeko Amar Eaekaa Pathisaahee Jug Jug Sir Kaar Banaaee Hae ||1||	There is only One Command, and there is only One Supreme King. In each and every age, He links each to their tasks. ||1||	ਉਸੇ ਦਾ ਹੀ (ਜਗਤ ਵਿਚ) ਹੁਕਮ ਚੱਲ ਰਿਹਾ ਹੈ, ਉਸੇ ਦਾ ਹੀ (ਜਗਤ ਵਿਚ) ਰਾਜ ਹੈ। ਹਰੇਕ ਜੁਗ ਵਿਚ ਹਰੇਕ ਜੀਵ ਦੇ ਸਿਰ ਉਤੇ ਉਹੀ ਪਰਮਾਤਮਾ ਕਰਨ-ਜੋਗ ਕਾਰ ਮੁਕਰਰ ਕਰਦਾ ਆ ਰਿਹਾ ਹੈ ॥੧॥
44769	1046	ਸੋ ਜਨੁ ਨਿਰਮਲੁ ਜਿਨਿ ਆਪੁ ਪਛਾਤਾ॥		So Jan Niramal Jin Aap Pashhaathaa ||	That humble being is immaculate, who knows his own self.	ਜਿਸ ਮਨੁੱਖ ਨੇ ਆਪਣੇ ਆਤਮਕ ਜੀਵਨ ਨੂੰ ਪੜਤਾਲਣਾ ਸ਼ੁਰੂ ਕਰ ਦਿੱਤਾ, ਉਹ ਮਨੁੱਖ ਪਵਿੱਤਰ ਜੀਵਨ ਵਾਲਾ ਬਣ ਗਿਆ;
44770	1046	ਆਪੇ ਆਇ ਮਿਲਿਆ ਸੁਖਦਾਤਾ॥		Aapae Aae Miliaa Sukhadhaathaa ||	The Lord, the Giver of peace, Himself comes and meets him.	ਸਾਰੇ ਸੁਖ ਦੇਣ ਵਾਲਾ ਪਰਮਾਤਮਾ ਆਪ ਹੀ ਉਸ ਮਨੁੱਖ ਨੂੰ ਆ ਮਿਲਦਾ ਹੈ।

44771	1046	ਰਸਨਾ ਸਬਦਿ ਰਤੀ ਗੁਣ ਗਾਵੈ ਦਰਿ ਸਾਚੈ ਪਤਿ ਪਾਈ ਹੇ॥੨॥		Rasanaa Sabadh Rathee Gun Gaavai Dhar Saachai Path Paaee Hae ||2||	His tongue is imbued with the Shabad, and he sings the Glorious Praises of the Lord; he is honored in the Court of the True Lord. ||2||	ਗੁਰੂ ਦੇ ਸ਼ਬਦ ਵਿਚ ਰੱਤੀ ਹੋਈ ਉਸ ਮਨੁੱਖ ਦੀ ਜੀਭ ਸਦਾ ਪਰਾਮਤਮਾ ਦੇ ਗੁਣ ਗਾਂਦੀ ਰਹਿੰਦੀ ਹੈ, ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਇੱਜ਼ਤ ਪ੍ਰਾਪਤ ਕਰਦਾ ਹੈ ॥੨॥
44772	1046	ਗੁਰਮੁਖਿ ਨਾਮਿ ਮਿਲੈ ਵਡਿਆਈ॥		Guramukh Naam Milai Vaddiaaee ||	The Gurmukh is blessed with the glorious greatness of the Naam.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਹਰਿ-ਨਾਮ ਦੀ ਬਰਕਤਿ ਨਾਲ (ਲੋਕ ਪਰਲੋਕ ਵਿਚ) ਨਾਮਣਾ ਖੱਟਦਾ ਹੈ।
44773	1046	ਮਨਮੁਖਿ ਨਿੰਦਕਿ ਪਤਿ ਗਵਾਈ॥		Manamukh Nindhak Path Gavaaee ||	The self-willed manmukh, the slanderer, loses his honor.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਨਿੰਦਕ ਮਨੁੱਖ ਨੇ (ਸਭ ਥਾਈਂ ਆਪਣੀ) ਇੱਜ਼ਤ ਗਵਾ ਲਈ।
44774	1046	ਨਾਮਿ ਰਤੇ ਪਰਮਹੰਸ ਬੈਰਾਗੀ ਨਿਜ ਘਰਿ ਤਾੜੀ ਲਾਈ ਹੇ॥੩॥		Naam Rathae Param Hans Bairaagee Nij Ghar Thaarree Laaee Hae ||3||	Attuned to the Naam, the supreme soul-swans remain detached; in the home of the self, they remain absorbed in deep meditative trance. ||3||	ਪਰਮਾਤਮਾ ਦੇ ਨਾਮ ਵਿਚ ਰੰਗੇ ਰਹਿਣ ਵਾਲੇ ਮਨੁੱਖ ਪਰਮ ਹੰਸ ਹਨ, (ਅਸਲ) ਬੈਰਾਗੀ ਹਨ, ਉਹ ਹਰ ਵੇਲੇ ਪਰਮਾਤਮਾ ਦੇ ਚਰਨਾਂ ਵਿਚ ਸੁਰਤ ਜੋੜੀ ਰੱਖਦੇ ਹਨ ॥੩॥

44775	1046	ਸਬਦਿ ਮਰੈ ਸੋਈ ਜਨੁ ਪੂਰਾ॥		Sabadh Marai Soee Jan Pooraa ||	That humble being who dies in the Shabad is perfect.	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਵਿਕਾਰਾਂ ਦੀ ਮਾਰ ਤੋਂ ਬਚਿਆ ਰਹਿੰਦਾ ਹੈ, (ਵਿਕਾਰਾਂ ਦਾ ਪ੍ਰਭਾਵ ਆਪਣੇ ਉੱਤੇ ਨਹੀਂ ਪੈਣ ਦੇਂਦਾ, ਵਿਕਾਰਾਂ ਦੇ ਭਾ ਦਾ ਮਰਿਆ ਹੋਇਆ ਹੈ), ਉਹੀ ਮਨੁੱਖ ਪੂਰਨ ਹੈ।
44776	1046	ਸਤਿਗੁਰੁ ਆਖਿ ਸੁਣਾਏ ਸੂਰਾ॥		Sathigur Aakh Sunaaeae Sooraa ||	The brave, heroic True Guru chants and proclaims this.	(ਇਹ ਗੱਲ ਵਿਕਾਰਾਂ ਦਾ ਟਾਕਰਾ ਸਫਲਤਾ ਨਾਲ ਕਰਨ ਵਾਲੇ) ਸੂਰਮੇ ਗੁਰੂ ਨੇ ਆਖ ਕੇ (ਹਰੇਕ ਪ੍ਰਾਣੀ ਨੂੰ) ਸੁਣਾ ਦਿੱਤੀ ਹੈ।
44777	1046	ਕਾਇਆ ਅੰਦਰਿ ਅੰਮ੍ਰਿਤ ਸਰੁ ਸਾਚਾ ਮਨੁ ਪੀਵੈ ਭਾਇ ਸੁਭਾਈ ਹੇ॥੪॥		Kaaeiaa Andhar Anmrith Sar Saachaa Man Peevai Bhaae Subhaaee Hae ||4||	Deep within the body is the true pool of Ambrosial Nectar; the mind drinks it in with loving devotion. ||4||	ਉਸ ਮਨੁੱਖ ਦੇ ਸਰੀਰ ਦੇ ਵਿਚ ਹੀ ਸਦਾ-ਥਿਰ ਪ੍ਰਭੂ ਦੇ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦਾ ਚਸ਼ਮਾ ਹੈ (ਜਿਸ ਵਿਚੋਂ) ਉਸ ਦਾ ਮਨ ਬੜੇ ਪ੍ਰੇਮ-ਪਿਆਰ ਨਾਲ (ਨਾਮ-ਜਲ) ਪੀਂਦਾ ਰਹਿੰਦਾ ਹੈ ॥੪॥
44778	1046	ਪੜਿ ਪੰਡਿਤੁ ਅਵਰਾ ਸਮਝਾਏ॥	ਪੜ੍ਹਿ	Parr Panddith Avaraa Samajhaaeae ||	The Pandit, the religious scholar, reads and instructs others,	ਪੰਡਿਤ (ਧਰਮ ਪੁਸਤਕਾਂ) ਪੜ੍ਹ ਕੇ ਹੋਰਨਾਂ ਨੂੰ ਮੱਤਾਂ ਦੇਂਦਾ ਹੈ,
44779	1046	ਘਰ ਜਲਤੇ ਕੀ ਖਬਰਿ ਨ ਪਾਏ॥		Ghar Jalathae Kee Khabar N Paaeae ||	But he does not realize that his own home is on fire.	ਪਰ (ਮਾਇਆ ਦੀ ਤ੍ਰਿਸ਼ਨਾ-ਅੱਗ ਨਾਲ ਆਪਣਾ ਹਿਰਦਾ-) ਘਰ ਸੜ ਰਹੇ ਦਾ ਉਸ ਨੂੰ ਪਤਾ ਹੀ ਨਹੀਂ ਲੱਗਦਾ।

44780	1046	ਬਿਨੁ ਸਤਿਗੁਰ ਸੇਵੇ ਨਾਮੁ ਨ ਪਾਈਐ ਪੜਿ ਥਾਕੇ ਸਾਂਤਿ ਨ ਆਈ ਹੇ॥੫॥	ਪੜਿ	Bin Sathigur Saevae Naam N Paaeeai Parr Thhaakae Saanth N Aaee Hae ||5||	Without serving the True Guru, the Naam is not obtained. You can read until you are exhausted, but you shall not find peace and tranquility. ||5||	ਗੁਰੂ ਦੀ ਸਰਨ ਪੈਣ ਤੋਂ ਬਿਨਾ ਪਰਮਾਤਮਾ ਦਾ ਨਾਮ ਨਹੀਂ ਮਿਲਦਾ (ਨਾਮ ਤੋਂ ਬਿਨਾ ਹਿਰਦੇ ਵਿਚ ਠੰਢ ਨਹੀਂ ਪੈ ਸਕਦੀ)। ਪੰਡਿਤ ਲੋਕ (ਹੋਰਨਾਂ ਨੂੰ ਉਪਦੇਸ਼ ਕਰਨ ਲਈ ਧਰਮ ਪੁਸਤਕ) ਪੜ੍ਹ ਪੜ੍ਹ ਕੇ ਥੱਕ ਗਏ, ਉਹਨਾਂ ਦੇ ਅੰਦਰ ਸ਼ਾਂਤੀ ਪੈਦਾ ਨਾਹ ਹੋਈ ॥੫॥
44781	1046	ਇਕਿ ਭਸਮ ਲਗਾਇ ਫਿਰਹਿ ਭੇਖਧਾਰੀ॥		Eik Bhasam Lagaae Firehi Bhaekhadhhaaree ||	Some smear their bodies with ashes, and wander around in religious disguises.	ਕਈ ਐਸੇ ਹਨ ਜੋ ਸਾਧੂਆਂ ਵਾਲਾ ਬਾਣਾ ਪਾ ਕੇ (ਪਿੰਡੇ ਉਤੇ) ਸੁਆਹ ਮਲ ਕੇ ਤੁਰੇ ਫਿਰਦੇ ਹਨ।
44782	1046	ਬਿਨੁ ਸਬਦੈ ਹਉਮੈ ਕਿਨਿ ਮਾਰੀ॥		Bin Sabadhai Houmai Kin Maaree ||	Without the Word of the Shabad, who has ever subdued egotism?	ਪਰ ਗੁਰੂ ਦੇ ਸ਼ਬਦ ਤੋਂ ਬਿਨਾ ਕੋਈ ਭੀ ਮਨੁੱਖ ਹਉਮੈ ਨੂੰ ਮੁਕਾ ਨਹੀਂ ਸਕਿਆ।
44783	1046	ਅਨਦਿਨੁ ਜਲਤ ਰਹਹਿ ਦਿਨੁ ਰਾਤੀ ਭਰਮਿ ਭੇਖਿ ਭਰਮਾਈ ਹੇ॥੬॥	ਰਹ-ਹਿ	Anadhin Jalath Rehehi Dhin Raathee Bharam Bhaekh Bharamaaee Hae ||6||	Night and day, they continue burning, day and night; they are deluded and confused by their doubt and religious costumes. ||6||	(ਸਾਧ-ਬਾਣੇ ਵਿਚ ਹੁੰਦਿਆਂ ਭੀ) ਉਹ ਹਰ ਵੇਲੇ ਦਿਨ ਰਾਤ (ਤ੍ਰਿਸ਼ਨਾ ਦੀ ਅੱਗ ਵਿਚ) ਸੜਦੇ ਰਹਿੰਦੇ ਹਨ, ਉਹ ਭਰਮ ਵਿਚ ਭੇਖ ਦੇ ਭੁਲੇਖੇ ਵਿਚ ਭਟਕਦੇ ਫਿਰਦੇ ਹਨ ॥੬॥

44784	1046	ਇਕਿ ਗ੍ਰਿਹ ਕੁਟੰਬ ਮਹਿ ਸਦਾ ਉਦਾਸੀ॥		Eik Grih Kuttanb Mehi Sadhaa Oudhaasee ||	Some, in the midst of their household and family, remain always unattached.	ਪਰ, ਕਈ ਐਸੇ ਹਨ ਜੋ ਗ੍ਰਿਹਸਤ ਵਿਚ ਪਰਵਾਰ ਵਿਚ (ਰਹਿੰਦੇ ਹੋਏ ਹੀ) ਸਦਾ ਨਿਰਮੋਹ ਹਨ,
44785	1046	ਸਬਦਿ ਮੁਏ ਹਰਿ ਨਾਮਿ ਨਿਵਾਸੀ॥		Sabadh Mueae Har Naam Nivaasee ||	They die in the Shabad, and dwell in the Lord's Name.	ਉਹ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮਾਇਆ ਦੇ ਮੋਹ ਵਲੋਂ ਮਰੇ ਹੋਏ ਹਨ, ਉਹ ਸਦਾ ਪ੍ਰਭੂ ਦੇ ਨਾਮ ਵਿਚ ਲੀਨ ਰਹਿੰਦੇ ਹਨ।
44786	1046	ਅਨ ਦਿਨੁ ਸਦਾ ਰਹਹਿ ਰੰਗਿ ਰਾਤੇ ਭੈ ਭਾਇ ਭਗਤਿ ਚਿਤੁ ਲਾਈ ਹੇ॥੭॥	ਰਹ-ਹਿ	Anadhin Sadhaa Rehehi Rang Raathae Bhai Bhaae Bhagath Chith Laaee Hae ||7||	Night and day, they remain forever attuned to His Love; they focus their consciousness on loving devotion and the Fear of God. ||7||	ਉਹ ਹਰ ਵੇਲੇ ਸਦਾ ਹੀ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ; ਪ੍ਰਭੂ ਦੇ ਅਦਬ ਤੇ ਪਿਆਰ ਦਾ ਸਦਕਾ ਉਹ ਪ੍ਰਭੂ ਦੀ ਭਗਤੀ ਵਿਚ ਚਿੱਤ ਜੋੜੀ ਰੱਖਦੇ ਹਨ ॥੭॥
44787	1046	ਮਨਮੁਖੁ ਨਿੰਦਾ ਕਰਿ ਕਰਿ ਵਿਗੁਤਾ॥		Manamukh Nindhaa Kar Kar Viguthaa ||	The self-willed manmukh indulges in slander, and is ruined.	ਮਨ ਦਾ ਮੁਰੀਦ ਮਨੁੱਖ (ਦੂਜਿਆਂ ਦੀ) ਨਿੰਦਾ ਕਰ ਕਰ ਕੇ ਦੁੱਖੀ ਹੁੰਦਾ ਰਹਿੰਦਾ ਹੈ,
44788	1046	ਅੰਤਰਿ ਲੋਭੁ ਭਉਕੈ ਜਿਸੁ ਕੁਤਾ॥		Anthar Lobh Bhoukai Jis Kuthaa ||	The dog of greed barks within him.	ਉਸ ਦੇ ਅੰਦਰ ਲੋਭ ਜ਼ੋਰ ਪਾਈ ਰੱਖਦਾ ਹੈ, ਜਿਵੇਂ ਕੁੱਤਾ (ਨਿੱਤ) ਭੌਂਕਦਾ ਰਹਿੰਦਾ ਹੈ।

44789	1046	ਜਮਕਾਲੁ ਤਿਸੁ ਕਦੇ ਨ ਛੋਡੈ ਅੰਤਿ ਗਇਆ ਪਛੁਤਾਈ ਹੇ॥੮॥		Jamakaal This Kadhae N Shhoddai Anth Gaeiaa Pashhuthaaee Hae ||8||	The Messenger of Death never leaves him, and in the end, he leaves, regretting and repenting. ||8||	ਆਤਮਕ ਮੌਤ ਅਜਿਹੇ ਮਨੁੱਖ ਦੀ ਕਦੇ ਖ਼ਲਾਸੀ ਨਹੀਂ ਕਰਦੀ, ਅਖ਼ੀਰ ਮਰਨ ਵੇਲੇ ਭੀ ਉਹ ਇਥੋਂ ਹੱਥ ਮਲਦਾ ਹੀ ਜਾਂਦਾ ਹੈ ॥੮॥
44790	1046	ਸਚੈ ਸਬਦਿ ਸਚੀ ਪਤਿ ਹੋਈ॥		Sachai Sabadh Sachee Path Hoee ||	Through the True Word of the Shabad, true honor is obtained.	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਵਿਚ ਜੁੜਿਆਂ ਸਦਾ ਕਾਇਮ ਰਹਿਣ ਵਾਲੀ ਇੱਜ਼ਤ ਮਿਲ ਜਾਂਦੀ ਹੈ,
44791	1046	ਬਿਨੁ ਨਾਵੈ ਮੁਕਤਿ ਨ ਪਾਵੈ ਕੋਈ॥		Bin Naavai Mukath N Paavai Koee ||	Without the Name, no one attains liberation.	ਤੇ, ਨਾਮ (ਜਪਣ) ਤੋਂ ਬਿਨਾ ਕੋਈ ਮਨੁੱਖ (ਲੋਭ ਆਦਿਕ ਵਿਕਾਰਾਂ ਤੋਂ) ਖ਼ਲਾਸੀ ਨਹੀਂ ਪਾ ਸਕਦਾ।
44792	1046	ਬਿਨੁ ਸਤਿਗੁਰ ਕੋ ਨਾਉ ਨ ਪਾਏ ਪ੍ਰਭਿ ਐਸੀ ਬਣਤ ਬਣਾਈ ਹੇ॥੯॥		Bin Sathigur Ko Naao N Paaeae Prabh Aisee Banath Banaaee Hae ||9||	Without the True Guru, no one finds the Name. Such is the making which God has made. ||9||	ਪ੍ਰਭੂ ਨੇ ਅਜਿਹੀ ਮਰਯਾਦਾ ਬਣਾ ਰੱਖੀ ਹੈ ਕਿ ਗੁਰੂ (ਦੀ ਸਰਨ ਪੈਣ) ਤੋਂ ਬਿਨਾ ਕੋਈ ਮਨੁੱਖ ਪ੍ਰਭੂ ਦਾ ਨਾਮ ਪ੍ਰਾਪਤ ਨਹੀਂ ਕਰ ਸਕਦਾ ॥੯॥
44793	1046	ਇਕਿ ਸਿਧ ਸਾਧਿਕ ਬਹੁਤੁ ਵੀਚਾਰੀ॥		Eik Sidhh Saadhhik Bahuth Veechaaree ||	Some are Siddhas and seekers, and great contemplators.	ਕਈ (ਐਸੇ ਹਨ ਜੋ) ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ (ਅਖਵਾਂਦੇ) ਹਨ, ਕਈ (ਅਜੇ) ਜੋਗ-ਸਾਧਨ ਕਰ ਰਹੇ ਹਨ, ਕਈ ਚਰਚਾ (ਆਦਿਕ) ਕਰਨ ਵਾਲੇ ਹਨ।

44794	1046	ਇਕਿ ਅਹਿ ਨਿਸਿ ਨਾਮਿ ਰਤੇ ਨਿਰੰਕਾਰੀ॥		Eik Ahinis Naam Rathae Nirankaaree ||	Some remain imbued with the Naam, the Name of the Formless Lord, day and night.	ਕਈ ਦਿਨ ਰਾਤ ਨਿਰੰਕਾਰ ਦੇ ਨਾਮ ਵਿਚ ਰੰਗੇ ਰਹਿੰਦੇ ਹਨ।
44795	1046	ਜਿਸ ਨੋ ਆਪਿ ਮਿਲਾਏ ਸੋ ਬੂਝੈ ਭਗਤਿ ਭਾਇ ਭਉ ਜਾਈ ਹੇ॥੧੦॥		Jis No Aap Milaaeae So Boojhai Bhagath Bhaae Bho Jaaee Hae ||10||	He alone understands, whom the Lord unites with Himself; through loving devotional worship, fear is dispelled. ||10||	ਜਿਸ ਮਨੁੱਖ ਨੂੰ ਪਰਮਾਤਮਾ ਆਪ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ਉਹ (ਸਹੀ ਜੀਵਨ-ਰਾਹ) ਸਮਝ ਲੈਂਦਾ ਹੈ। ਪ੍ਰਭੂ ਦੀ ਭਗਤੀ ਤੇ ਪ੍ਰਭੂ-ਪ੍ਰੇਮ ਦੀ ਬਰਕਤਿ ਨਾਲ (ਉਸ ਦੇ ਅੰਦਰੋਂ) ਹਰੇਕ ਕਿਸਮ ਦਾ ਡਰ ਦੂਰ ਹੋ ਜਾਂਦਾ ਹੈ ॥੧੦॥
44796	1046	ਇਸਨਾਨੁ ਦਾਨੁ ਕਰਹਿ ਨਹੀ ਬੂਝਹਿ॥		Eisanaan Dhaan Karehi Nehee Boojhehi ||	Some take cleansing baths and give donations to charities, but they do not understand.	ਅਨੇਕਾਂ ਪ੍ਰਾਣੀ ਤੀਰਥਾਂ ਦੇ ਇਸ਼ਨਾਨ ਕਰਦੇ ਹਨ, ਦਾਨ ਕਰਦੇ ਹਨ (ਪਰ ਇਹਨਾਂ ਕਰਮਾਂ ਨਾਲ ਉਹ ਸਹੀ ਜੀਵਨ-ਰਾਹ) ਨਹੀਂ ਸਮਝ ਸਕਦੇ।
44797	1046	ਇਕਿ ਮਨੂਆ ਮਾਰਿ ਮਨੈ ਸਿਉ ਲੂਝਹਿ॥		Eik Manooaa Maar Manai Sio Loojhehi ||	Some struggle with their minds, and conquer and subdue their minds.	ਕਈ ਐਸੇ ਹਨ ਜੋ ਆਪਣੇ ਮਨ ਨੂੰ (ਵਿਕਾਰਾਂ ਵਲੋਂ) ਮਾਰ ਕੇ ਸਦਾ ਮਨ ਨਾਲ ਹੀ ਜੰਗ ਕਰਦੇ ਰਹਿੰਦੇ ਹਨ।

44798	1046	ਸਾਚੈ ਸਬਦਿ ਰਤੇ ਇਕ ਰੰਗੀ ਸਾਚੈ ਸਬਦਿ ਮਿਲਾਈ ਹੇ॥੧੧॥		Saachai Sabadh Rathae Eik Rangee Saachai Sabadh Milaaee Hae ||11||	Some are imbued with love for the True Word of the Shabad; they merge with the True Shabad. ||11||	ਉਹ ਇਕ ਪ੍ਰਭੂ ਦੇ ਪ੍ਰੇਮ-ਰੰਗ ਵਾਲੇ ਬੰਦੇ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਵਿਚ ਹੀ ਰੱਤੇ ਰਹਿੰਦੇ ਹਨ। ਗੁਰੂ ਦੇ ਸ਼ਬਦ ਦੀ ਰਾਹੀਂ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਉਹਨਾਂ ਦਾ ਮੇਲ ਹੋਇਆ ਰਹਿੰਦਾ ਹੈ ॥੧੧॥
44799	1046	ਆਪੇ ਸਿਰਜੇ ਦੇ ਵਡਿਆਈ॥		Aapae Sirajae Dhae Vaddiaaee ||	He Himself creates and bestows glorious greatness.	(ਪਰ, ਜੀਵਾਂ ਦੇ ਵੱਸ ਦੀ ਗੱਲ ਨਹੀਂ)। ਪ੍ਰਭੂ ਆਪ ਹੀ (ਜੀਵਾਂ ਨੂੰ) ਪੈਦਾ ਕਰਦਾ ਹੈ, ਆਪ ਹੀ ਇੱਜ਼ਤ ਦੇਂਦਾ ਹੈ;
44800	1046	ਆਪੇ ਭਾਣੈ ਦੇਇ ਮਿਲਾਈ॥	ਦੇ-ਇ	Aapae Bhaanai Dhaee Milaaee ||	By the Pleasure of His Will, He bestows union.	ਆਪ ਹੀ ਆਪਣੀ ਰਜ਼ਾ ਅਨੁਸਾਰ (ਜੀਵਾਂ ਨੂੰ ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ।
44801	1046	ਆਪੇ ਨਦਰਿ ਕਰੇ ਮਨਿ ਵਸਿਆ ਮੇਰੈ ਪ੍ਰਭਿ ਇਉ ਫੁਰਮਾਈ ਹੇ॥੧੨॥		Aapae Nadhar Karae Man Vasiaa Maerai Prabh Eio Furamaaee Hae ||12||	Bestowing His Grace, He comes to dwell in the mind; such is the Command ordained by my God. ||12||	ਪ੍ਰਭੂ ਆਪ ਹੀ ਮਿਹਰ ਦੀ ਨਿਗਾਹ ਕਰਦਾ ਹੈ ਤੇ ਜੀਵ ਦੇ ਮਨ ਵਿਚ ਆ ਵੱਸਦਾ ਹੈ-ਪ੍ਰਭੂ ਨੇ ਇਹੋ ਜਿਹਾ ਹੀ ਹੁਕਮ ਵਰਤਾਇਆ ਹੋਇਆ ਹੈ ॥੧੨॥
44802	1046	ਸਤਿਗੁਰੁ ਸੇਵਹਿ ਸੇ ਜਨ ਸਾਚੇ॥		Sathigur Saevehi Sae Jan Saachae ||	Those humble beings who serve the True Guru are true.	ਜਿਹੜੇ ਮਨੁੱਖ ਗੁਰੂ ਦਾ ਦਰ ਮੱਲਦੇ ਹਨ, ਉਹ ਮਨੁੱਖ ਟਿਕਵੇਂ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ।

44803	1046	ਮਨਮੁਖ ਸੇਵਿ ਨ ਜਾਣਨਿ ਕਾਚੇ॥		Manamukh Saev N Jaanan Kaachae ||	The false, self-willed manmukhs do not know how to serve the Guru.	ਪਰ ਮਨ ਦੇ ਮੁਰੀਦ ਗੁਰੂ ਦਾ ਦਰ ਮੱਲਣਾ ਨਹੀਂ ਜਾਣਦੇ, ਉਹ ਕਮਜ਼ੋਰ ਜੀਵਨ ਵਾਲੇ ਰਹਿ ਜਾਂਦੇ ਹਨ।
44804	1046	ਆਪੇ ਕਰਤਾ ਕਰਿ ਕਰਿ ਵੇਖੈ ਜਿਉ ਭਾਵੈ ਤਿਉ ਲਾਈ ਹੇ॥੧੩॥		Aapae Karathaa Kar Kar Vaekhai Jio Bhaavai Thio Laaee Hae ||13||	The Creator Himself creates the creation and watches over it; he attaches all according to the Pleasure of His Will. ||13||	(ਪਰ, ਜੀਵਾਂ ਦੇ ਕੀਹ ਵੱਸ?) ਕਰਤਾਰ ਆਪ ਹੀ ਇਹ ਕੌਤਕ ਕਰ ਕਰ ਕੇ ਵੇਖ ਰਿਹਾ ਹੈ। ਜਿਵੇਂ ਉਸ ਨੂੰ ਚੰਗਾ ਲੱਗਦਾ ਹੈ, ਉਹ ਤਿਵੇਂ ਹੀ ਜੀਵਾਂ ਨੂੰ ਕਾਰੇ ਲਾ ਰਿਹਾ ਹੈ ॥੧੩॥
44805	1046	ਜੁਗਿ ਜੁਗਿ ਸਾਚਾ ਏਕੋ ਦਾਤਾ॥		Jug Jug Saachaa Eaeko Dhaathaa ||	In each and every age, the True Lord is the one and only Giver.	ਹਰੇਕ ਜੁਗ ਵਿਚ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਹੀ (ਨਾਮ ਦੀ ਦਾਤਿ) ਦੇਣ ਵਾਲਾ ਹੈ।
44806	1046	ਪੂਰੈ ਭਾਗਿ ਗੁਰ ਸਬਦੁ ਪਛਾਤਾ॥		Poorai Bhaag Gur Sabadh Pashhaathaa ||	Through perfect destiny, one realizes the Word of the Guru's Shabad.	(ਜਿਸ ਨੂੰ ਇਹ ਦਾਤ ਦੇਂਦਾ ਹੈ ਉਹ ਮਨੁੱਖ) ਵੱਡੀ ਕਿਸਮਤ ਨਾਲ ਗੁਰੂ ਦੇ ਸ਼ਬਦ (ਦੀ ਕਦਰ) ਨੂੰ ਸਮਝ ਲੈਂਦਾ ਹੈ।
44807	1046	ਸਬਦਿ ਮਿਲੇ ਸੇ ਵਿਛੁੜੇ ਨਾਹੀ ਨਦਰੀ ਸਹਜਿ ਮਿਲਾਈ ਹੇ॥੧੪॥		Sabadh Milae Sae Vishhurrae Naahee Nadharee Sehaj Milaaee Hae ||14||	Those who are immersed in the Shabad are not separated again. By His Grace, they are intuitively immersed in the Lord. ||14||	ਜਿਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਲੀਨ ਹੋ ਜਾਂਦੇ ਹਨ ਉਹ ਉਥੋਂ ਫਿਰ ਵਿੱਛੁੜਦੇ ਨਹੀਂ। ਪ੍ਰਭੂ ਉਹਨਾਂ ਨੂੰ ਆਪਣੀ ਮਿਹਰ ਦੀ ਨਿਗਾਹ ਨਾਲ ਆਤਮਕ ਅਡੋਲਤਾ ਵਿਚ ਮਿਲਾਈ ਰੱਖਦਾ ਹੈ ॥੧੪॥
44808	1046	ਹਉਮੈ ਮਾਇਆ ਮੈਲੁ ਕਮਾਇਆ॥		Houmai Maaeiaa Mail Kamaaeiaa ||	Acting in egotism, they are stained with the filth of Maya.	ਜਿਹੜੇ ਮਨੁੱਖ ਮਾਇਆ ਦੀ ਹਉਮੈ ਦੇ ਕਾਰਨ ਵਿਕਾਰਾਂ ਦੀ ਮੈਲ ਹੀ ਇਕੱਠੀ ਕਰਦੇ ਹਨ,

44809	1046	ਮਰਿ ਮਰਿ ਜੰਮਹਿ ਦੂਜਾ ਭਾਇਆ॥		Mar Mar Janmehi Dhoojaa Bhaaeiaa ||	They die and die again, only to be reborn in the love of duality.	ਉਹ ਸਦਾ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ, ਉਹਨਾਂ ਨੂੰ ਉਹ ਦੂਜਾ ਪਾਸਾ ਹੀ ਪਿਆਰਾ ਲੱਗਦਾ ਹੈ।
44810	1046	ਬਿਨੁ ਸਤਿਗੁਰ ਸੇਵੇ ਮੁਕਤਿ ਨ ਹੋਈ ਮਨਿ ਦੇਖਹੁ ਲਿਵ ਲਾਈ ਹੇ॥੧੫॥		Bin Sathigur Saevae Mukath N Hoee Man Dhaekhahu Liv Laaee Hae ||15||	Without serving the True Guru, no one finds liberation. O mind, tune into this, and see. ||15||	ਪਰ ਤੁਸੀਂ ਬੇ-ਸ਼ੱਕ ਆਪਣੇ ਮਨ ਵਿਚ ਡੂੰਘੀ ਵਿਚਾਰ ਕਰ ਕੇ ਵੇਖ ਲਵੋ, ਗੁਰੂ ਦੀ ਸਰਨ ਪੈਣ ਤੋਂ ਬਿਨਾ (ਵਿਕਾਰਾਂ ਦੀ ਮੈਲ ਤੋਂ) ਖ਼ਲਾਸੀ ਨਹੀਂ ਹੋ ਸਕਦੀ ॥੧੫॥
44811	1047	ਜੋ ਤਿਸੁ ਭਾਵੈ ਸੋਈ ਕਰਸੀ॥		Jo This Bhaavai Soee Karasee ||	He does whatever He pleases.	(ਇਹ ਸਾਰੀ ਜਗਤ-ਖੇਡ ਪ੍ਰਭੂ ਦੇ ਹੱਥ ਵਿਚ ਹੈ) ਜੋ ਕੁਝ ਉਸ ਨੂੰ ਚੰਗਾ ਲੱਗਦਾ ਹੈ, ਉਹੀ ਉਹ ਕਰੇਗਾ।
44812	1047	ਆਪਹੁ ਹੋਆ ਨਾ ਕਿਛੁ ਹੋਸੀ॥		Aapahu Hoaa Naa Kishh Hosee ||	No one has done, or can do anything by himself.	ਜੀਵ ਦੇ ਆਪਣੇ ਉੱਦਮ ਨਾਲ ਨਾਹ ਹੁਣ ਤਕ ਕੁਝ ਹੋ ਸਕਿਆ ਹੈ ਨਾਹ ਹੀ ਅਗਾਂਹ ਨੂੰ ਕੁਝ ਹੋ ਸਕੇਗਾ।
44813	1047	ਨਾਨਕ ਨਾਮੁ ਮਿਲੈ ਵਡਿਆਈ ਦਰਿ ਸਾਚੈ ਪਤਿ ਪਾਈ ਹੇ॥੧੬॥੩॥		Naanak Naam Milai Vaddiaaee Dhar Saachai Path Paaee Hae ||16||3||	O Nanak, through the Name, one is blessed with glorious greatness, and obtains honor in the Court of the True Lord. ||16||3||	ਹੇ ਨਾਨਕ! ਜਿਸ ਮਨੁੱਖ ਨੂੰ ਪਰਮਾਤਮਾ ਦਾ ਨਾਮ ਮਿਲ ਜਾਂਦਾ ਹੈ ਉਸ ਨੂੰ (ਲੋਕ ਪਰਲੋਕ ਦੀ) ਇੱਜ਼ਤ ਮਿਲ ਜਾਂਦੀ ਹੈ, ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਦਰ ਤੇ ਆਦਰ ਪ੍ਰਾਪਤ ਕਰਦਾ ਹੈ ॥੧੬॥੩॥
44814	1047	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	

44815	1047	ਜੋ ਆਇਆ ਸੋ ਸਭੁ ਕੋ ਜਾਸੀ॥		Jo Aaeiaa So Sabh Ko Jaasee ||	All who come shall have to depart.	ਜਿਹੜਾ ਭੀ ਜੀਵ (ਜਗਤ ਵਿਚ) ਜੰਮਦਾ ਹੈ ਉਹ ਹਰੇਕ ਹੀ (ਜ਼ਰੂਰ ਇਸ ਜਗਤ ਤੋਂ) ਕੂਚ (ਭੀ) ਕਰ ਜਾਂਦਾ ਹੈ,
44816	1047	ਦੂਜੈ ਭਾਇ ਬਾਧਾ ਜਮ ਫਾਸੀ॥		Dhoojai Bhaae Baadhhaa Jam Faasee ||	In the love of duality, they are caught by the noose of the Messenger of Death.	(ਪਰ) ਮਾਇਆ ਦੇ ਮੋਹ ਦੇ ਕਾਰਨ (ਜੀਵ) ਆਤਮਕ ਮੌਤ ਦੀ ਫਾਹੀ ਵਿਚ ਬੱਝ ਜਾਂਦਾ ਹੈ।
44817	1047	ਸਤਿਗੁਰਿ ਰਾਖੇ ਸੇ ਜਨ ਉਬਰੇ ਸਾਚੇ ਸਾਚਿ ਸਮਾਈ ਹੇ॥੧॥		Sathigur Raakhae Sae Jan Oubarae Saachae Saach Samaaee Hae ||1||	Those humble beings who are protected by the True Guru, are saved. They merge into the Truest of the True. ||1||	ਗੁਰੂ ਨੇ ਜਿਨ੍ਹਾਂ ਦੀ ਰੱਖਿਆ ਕੀਤੀ, ਉਹ ਮਨੁੱਖ (ਮਾਇਆ ਦੇ ਮੋਹ ਤੋਂ) ਬਚ ਨਿਕਲਦੇ ਹਨ; ਉਹ ਸਦਾ ਹੀ ਸਦਾ-ਥਿਰ ਪਰਮਾਤਮਾ ਵਿਚ ਲੀਨ ਰਹਿੰਦੇ ਹਨ ॥੧॥
44818	1047	ਆਪੇ ਕਰਤਾ ਕਰਿ ਕਰਿ ਵੇਖੈ॥		Aapae Karathaa Kar Kar Vaekhai ||	The Creator Himself creates the creation, and watches over it.	(ਇਹ ਸਾਰਾ ਖੇਲ) ਕਰਤਾਰ ਆਪ ਹੀ ਕਰ ਕਰ ਕੇ ਵੇਖ ਰਿਹਾ ਹੈ;
44819	1047	ਜਿਸ ਨੋ ਨਦਰਿ ਕਰੇ ਸੋਈ ਜਨੁ ਲੇਖੈ॥		Jis No Nadhar Karae Soee Jan Laekhai ||	Thay alone are acceptable, upon whom He bestows His Glance of Grace.	ਜਿਸ ਮਨੁੱਖ ਉੱਤੇ ਉਹ ਮਿਹਰ ਦੀ ਨਿਗਾਹ ਕਰਦਾ ਹੈ ਉਹੀ ਮਨੁੱਖ ਉਸ ਦੀ ਪਰਵਾਨਗੀ ਵਿਚ ਹੈ।
44820	1047	ਗੁਰਮੁਖਿ ਗਿਆਨੁ ਤਿਸੁ ਸਭੁ ਕਿਛੁ ਸੂਝੈ ਅਗਿਆਨੀ ਅੰਧੁ ਕਮਾਈ ਹੇ॥੨॥		Guramukh Giaan This Sabh Kishh Soojhai Agiaanee Andhh Kamaaee Hae ||2||	The Gurmukh attains spiritual wisdom, and understands everything. The ignorant ones act blindly. ||2||	ਜਿਸ ਮਨੁੱਖ ਨੂੰ ਗੁਰੂ ਦੀ ਰਾਹੀਂ ਆਤਮਕ ਜੀਵਨ ਦੀ ਸੂਝ ਪੈ ਜਾਂਦੀ ਹੈ ਉਸ ਨੂੰ (ਆਤਮਕ ਜੀਵਨ ਬਾਰੇ) ਹਰੇਕ ਗੱਲ ਦੀ ਸਮਝ ਆ ਜਾਂਦੀ ਹੈ। ਗਿਆਨ ਤੋਂ ਸੱਖਣਾ ਮਨੁੱਖ ਅੰਨ੍ਹਿਆਂ ਵਾਲਾ ਕੰਮ ਹੀ ਕਰਦਾ ਰਹਿੰਦਾ ਹੈ ॥੨॥

44821	1047	ਮਨਮੁਖ ਸਹਸਾ ਬੂਝ ਨ ਪਾਈ॥		Manamukh Sehasaa Boojh N Paaee ||	The self-willed manmukh is cynical; he doesn't understand.	ਮਨ ਦੇ ਮੁਰੀਦ ਮਨੁੱਖ ਨੂੰ (ਹਰ ਵੇਲੇ ਕੋਈ ਨ ਕੋਈ) ਸਹਮ (ਖਾਈ ਜਾਂਦਾ ਹੈ, ਕਿਉਂਕਿ) ਉਸ ਨੂੰ ਆਤਮਕ ਜੀਵਨ ਦੀ ਸੂਝ ਨਹੀਂ ਹੁੰਦੀ।
44822	1047	ਮਰਿ ਮਰਿ ਜੰਮੈ ਜਨਮੁ ਗਵਾਈ॥		Mar Mar Janmai Janam Gavaaee ||	He dies and dies again, only to be reborn, and loses his life uselessly again.	ਉਹ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ, ਉਹ ਆਪਣਾ (ਮਨੁੱਖਾ) ਜਨਮ ਵਿਅਰਥ ਗਵਾ ਜਾਂਦਾ ਹੈ।
44823	1047	ਗੁਰਮੁਖਿ ਨਾਮਿ ਰਤੇ ਸੁਖੁ ਪਾਇਆ ਸਹਜੇ ਸਾਚਿ ਸਮਾਈ ਹੇ॥੩॥		Guramukh Naam Rathae Sukh Paaeiaa Sehajae Saach Samaaee Hae ||3||	The Gurmukh is imbued with the Naam, the Name of the Lord; he find peace, and is intuitively immersed in the True Lord. ||3||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਪਰਮਾਤਮਾ ਦੇ ਨਾਮ ਵਿਚ ਰੰਗੇ ਰਹਿੰਦੇ ਹਨ, ਉਹ ਆਤਮਕ ਆਨੰਦ ਮਾਣਦੇ ਹਨ, ਉਹ ਆਤਮਕ ਅਡੋਲਤਾ ਵਿਚ ਸਦਾ-ਥਿਰ ਪ੍ਰਭੂ ਵਿਚ ਹਰ ਵੇਲੇ ਟਿਕੇ ਰਹਿੰਦੇ ਹਨ ॥੩॥
44824	1047	ਧੰਧੈ ਧਾਵਤ ਮਨੁ ਭਇਆ ਮਨੂਰਾ॥		Dhhandhhai Dhhaavath Man Bhaeiaa Manooraa ||	Chasing after worldly affairs, the mind has become corroded and rusty.	ਦੁਨੀਆ ਦੇ ਖਲਜਗਨ ਵਿਚ ਦੌੜ-ਭੱਜ ਕਰਦਿਆਂ ਮਨੁੱਖ ਦਾ ਮਨ ਸੜਿਆ ਹੋਇਆ ਲੋਹਾ ਬਣ ਜਾਂਦਾ ਹੈ (ਇਉਂ ਸੜਿਆ ਰਹਿੰਦਾ ਹੈ ਜਿਵੇਂ ਸੜਿਆ ਹੋਇਆ ਲੋਹਾ),
44825	1047	ਫਿਰਿ ਹੋਵੈ ਕੰਚਨੁ ਭੇਟੈ ਗੁਰੁ ਪੂਰਾ॥		Fir Hovai Kanchan Bhaettai Gur Pooraa ||	But meeting with the Perfect Guru, it is transmuted into gold once again.	ਪਰ ਜਦੋਂ ਉਸ ਨੂੰ ਪੂਰਾ ਗੁਰੂ ਮਿਲਦਾ ਹੈ, ਤਦੋਂ ਉਹ ਮੁੜ (ਸੁੱਧ) ਸੋਨਾ ਬਣ ਜਾਂਦਾ ਹੈ।

44826	1047	ਆਪੇ ਬਖਸਿ ਲਏ ਸੁਖੁ ਪਾਏ ਪੂਰੈ ਸਬਦਿ ਮਿਲਾਈ ਹੇ॥੪॥		Aapae Bakhas Leae Sukh Paaeae Poorai Sabadh Milaaee Hae ||4||	When the Lord Himself grants forgiveness, then peace is obtained; through the Perfect Word of the Shabad, one is united with Him. ||4||	ਜਿਸ ਮਨੁੱਖ ਉਤੇ ਪਰਮਾਤਮਾ ਆਪ ਬਖ਼ਸ਼ਸ਼ ਕਰਦਾ ਹੈ ਉਹ ਮਨੁੱਖ ਆਤਮਕ ਆਨੰਦ ਮਾਣਦਾ ਹੈ, ਉਹ ਪੂਰਨ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਲੀਨ ਰਹਿੰਦਾ ਹੈ ॥੪॥
44827	1047	ਦੁਰਮਤਿ ਝੂਠੀ ਬੁਰੀ ਬੁਰਿਆਰਿ॥		Dhuramath Jhoothee Buree Buriaar ||	The false and evil-minded are the most wicked of the wicked.	ਖੋਟੀ ਮੱਤ ਵਾਲੀ ਜੀਵ-ਇਸਤ੍ਰੀ ਝੂਠ ਵਿਚ ਭੈੜ ਵਿਚ ਮਸਤ ਰਹਿੰਦੀ ਹੈ, ਉਹ ਭੈੜ ਦਾ ਅੱਡਾ ਬਣੀ ਰਹਿੰਦੀ ਹੈ,
44828	1047	ਅਉਗਣਿਆਰੀ ਅਉਗਣਿਆਰਿ॥		Aouganiaaree Aouganiaar ||	They are the most unworthy of the unworthy.	ਉਹ ਸਦਾ ਹੀ ਔਗੁਣਾਂ ਨਾਲ ਭਰੀ ਰਹਿੰਦੀ ਹੈ।
44829	1047	ਕਚੀ ਮਤਿ ਫੀਕਾ ਮੁਖਿ ਬੋਲੈ ਦੁਰਮਤਿ ਨਾਮੁ ਨ ਪਾਈ ਹੇ॥੫॥		Kachee Math Feekaa Mukh Bolai Dhuramath Naam N Paaee Hae ||5||	With false intellect, and insipid words of mouth, evil-minded, they do not obtain the Naam. ||5||	ਉਸ ਦੀ ਮੱਤ ਸਦਾ (ਵਿਕਾਰਾਂ ਵਿਚ) ਥਿੜਕਦੀ ਹੈ ਉਹ ਮੂੰਹੋਂ ਖਰ੍ਹਵਾ ਬੋਲਦੀ ਹੈ, ਖੋਟੀ ਮੱਤ ਦੇ ਕਾਰਨ ਉਸ ਨੂੰ ਪਰਮਾਤਮਾ ਦਾ ਨਾਮ ਨਸੀਬ ਨਹੀਂ ਹੁੰਦਾ ॥੫॥
44830	1047	ਅਉਗਣਿਆਰੀ ਕੰਤ ਨ ਭਾਵੈ॥		Aouganiaaree Kanth N Bhaavai ||	The unworthy soul-bride is not pleasing to her Husband Lord.	ਔਗੁਣਾਂ-ਭਰੀ ਜੀਵ-ਇਸਤ੍ਰੀ ਖਸਮ-ਪ੍ਰਭੂ ਨੂੰ ਚੰਗੀ ਨਹੀਂ ਲੱਗਦੀ,
44831	1047	ਮਨ ਕੀ ਜੂਠੀ ਜੂਠੁ ਕਮਾਵੈ॥		Man Kee Joothee Jooth Kamaavai ||	False-minded, her actions are false.	ਮਨ ਦੀ ਗੰਦੀ ਉਹ ਜੀਵ-ਇਸਤ੍ਰੀ ਸਦਾ ਗੰਦਾ ਕੰਮ ਹੀ ਕਰਦੀ ਹੈ।

44832	1047	ਪਿਰ ਕਾ ਸਾਉ ਨ ਜਾਣੈ ਮੂਰਖਿ ਬਿਨੁ ਗੁਰ ਬੂਝ ਨ ਪਾਈ ਹੇ॥੬॥		Pir Kaa Saao N Jaanai Moorakh Bin Gur Boojh N Paaee Hae ||6||	The foolish person does not know the excellence of her Husband Lord. Without the Guru, she does not understand at all. ||6||	ਉਹ ਮੂਰਖ ਜੀਵ-ਇਸਤ੍ਰੀ ਪਤੀ-ਰੂਪ ਦੇ ਮਿਲਾਪ ਦਾ ਆਨੰਦ ਨਹੀਂ ਜਾਣਦੀ। ਗੁਰੂ ਤੋਂ ਬਿਨਾ ਉਸ ਨੂੰ ਆਤਮਕ ਜੀਵਨ ਦੀ ਸੂਝ ਨਹੀਂ ਪੈਂਦੀ ॥੬॥
44833	1047	ਦੁਰਮਤਿ ਖੋਟੀ ਖੋਟੁ ਕਮਾਵੈ॥		Dhuramath Khottee Khott Kamaavai ||	The evil-minded, wicked soul-bride practices wickedness.	ਖੋਟੀ ਮੱਤ ਵਾਲੀ ਜੀਵ-ਇਸਤ੍ਰੀ ਸਦਾ ਖੋਟ ਨਾਲ ਭਰੀ ਰਹਿੰਦੀ ਹੈ ਸਦਾ ਖੋਟ ਕਮਾਂਦੀ ਹੈ (ਖੋਟਾ ਕੰਮ ਕਰਦੀ ਹੈ)।
44834	1047	ਸੀਗਾਰੁ ਕਰੇ ਪਿਰ ਖਸਮ ਨ ਭਾਵੈ॥		Seegaar Karae Pir Khasam N Bhaavai ||	She decorates herself, but her Husband Lord is not pleased.	(ਦੁਰਾਚਾਰਨ ਇਸਤ੍ਰੀ ਵਾਂਗ ਉਹ ਬਾਹਰੋਂ ਧਾਰਮਿਕ) ਸਜਾਵਟ ਕਰਦੀ ਹੈ, ਪਰ ਖਸਮ-ਪ੍ਰਭੂ ਨੂੰ ਪਸੰਦ ਨਹੀਂ ਆਉਂਦੀ।
44835	1047	ਗੁਣਵੰਤੀ ਸਦਾ ਪਿਰੁ ਰਾਵੈ ਸਤਿਗੁਰਿ ਮੇਲਿ ਮਿਲਾਈ ਹੇ॥੭॥		Gunavanthee Sadhaa Pir Raavai Sathigur Mael Milaaee Hae ||7||	The virtuous soul-bride enjoys and ravishes her Husband Lord forever; the True Guru unites her in His Union. ||7||	ਗੁਣਾਂ ਵਾਲੀ ਜੀਵ-ਇਸਤ੍ਰੀ ਨੂੰ ਖਸਮ-ਪ੍ਰਭੂ ਸਦਾ ਮਿਲਿਆ ਰਹਿੰਦਾ ਹੈ, ਉਸ ਨੂੰ ਗੁਰੂ (-ਚਰਨਾਂ) ਵਿਚ ਮਿਲਾ ਕੇ (ਆਪਣੇ ਨਾਲ) ਮਿਲਾਈ ਰੱਖਦਾ ਹੈ ॥੭॥
44836	1047	ਆਪੇ ਹੁਕਮੁ ਕਰੇ ਸਭੁ ਵੇਖੈ॥		Aapae Hukam Karae Sabh Vaekhai ||	God Himself issues the Hukam of His Command, and beholds all.	(ਪਰ, ਜੀਵਾਂ ਦੇ ਕੀਹ ਵੱਸ?) ਪਰਮਾਤਮਾ ਹਰ ਥਾਂ ਆਪ ਹੀ ਹੁਕਮ ਕਰ ਕੇ (ਆਪਣੇ ਪ੍ਰੇਰੇ ਹੋਏ ਜੀਵਾਂ ਦਾ ਹਰੇਕ ਕੰਮ) ਵੇਖ ਰਿਹਾ ਹੈ।

44837	1047	ਇਕਨਾ ਬਖਸਿ ਲਏ ਧੁਰਿ ਲੇਖੈ॥		Eikanaa Bakhas Leae Dhhur Laekhai ||	Some are forgiven, according to their pre-ordained destiny.	ਧੁਰੋਂ ਆਪਣੇ ਹੁਕਮ ਵਿਚ ਹੀ ਕਈ ਜੀਵਾਂ ਨੂੰ ਲੇਖੇ ਵਿਚ ਬਖ਼ਸ਼ ਲੈਂਦਾ ਹੈ।
44838	1047	ਅਨ ਦਿਨੁ ਨਾਮਿ ਰਤੇ ਸਚੁ ਪਾਇਆ ਆਪੇ ਮੇਲਿ ਮਿਲਾਈ ਹੇ॥੮॥		Anadhin Naam Rathae Sach Paaeiaa Aapae Mael Milaaee Hae ||8||	Night and day, they are imbued with the Naam, and they find the True Lord. He Himself unites them in His Union. ||8||	ਉਹ ਜੀਵ ਹਰ ਵੇਲੇ ਉਸ ਦੇ ਨਾਮ ਵਿਚ ਰੰਗੇ ਰਹਿੰਦੇ ਹਨ, ਉਹਨਾਂ ਨੂੰ ਉਹ ਸਦਾ-ਥਿਰ ਪ੍ਰਭੂ ਮਿਲਿਆ ਰਹਿੰਦਾ ਹੈ। ਪ੍ਰਭੂ ਆਪ ਹੀ ਉਹਨਾਂ ਨੂੰ (ਗੁਰੂ ਨਾਲ) ਮਿਲਾ ਕੇ ਆਪਣੇ ਚਰਨਾਂ ਵਿਚ ਜੋੜੀ ਰੱਖਦਾ ਹੈ ॥੮॥
44839	1047	ਹਉਮੈ ਧਾਤੁ ਮੋਹ ਰਸਿ ਲਾਈ॥		Houmai Dhhaath Moh Ras Laaee ||	Egotism attaches them to the juice of emotional attachment, and makes them run around.	ਮਾਇਆ (ਜੀਵ ਨੂੰ) ਹਉਮੈ ਵਿਚ ਮੋਹ ਦੇ ਰਸ ਵਿਚ ਲਾਈ ਰੱਖਦੀ ਹੈ।
44840	1047	ਗੁਰਮੁਖਿ ਲਿਵ ਸਾਚੀ ਸਹਜਿ ਸਮਾਈ॥		Guramukh Liv Saachee Sehaj Samaaee ||	The Gurmukh is intuitively immersed in the True Love of the Lord.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੂੰ ਪ੍ਰਭੂ-ਚਰਨਾਂ ਦੀ ਸਦਾ-ਥਿਰ ਲਗਨ ਆਤਮਕ ਅਡੋਲਤਾ ਵਿਚ ਟਿਕਾਈ ਰੱਖਦੀ ਹੈ।
44841	1047	ਆਪੇ ਮੇਲੈ ਆਪੇ ਕਰਿ ਵੇਖੈ ਬਿਨੁ ਸਤਿਗੁਰ ਬੂਝ ਨ ਪਾਈ ਹੇ॥੯॥		Aapae Maelai Aapae Kar Vaekhai Bin Sathigur Boojh N Paaee Hae ||9||	He Himself unites, He Himself acts, and beholds. Without the True Guru, understanding is not obtained. ||9||	ਪਰ, ਪ੍ਰਭੂ ਆਪ ਹੀ (ਜੀਵ ਨੂੰ ਆਪਣੇ ਚਰਨਾਂ ਵਿਚ) ਜੋੜਦਾ ਹੈ, ਆਪ ਹੀ ਇਹ ਖੇਲ ਕਰ ਕੇ ਵੇਖ ਰਿਹਾ ਹੈ-ਇਹ ਸਮਝ ਗੁਰੂ ਤੋਂ ਬਿਨਾ ਨਹੀਂ ਪੈਂਦੀ ॥੯॥

44842	1047	ਇਕਿ ਸਬਦੁ ਵੀਚਾਰਿ ਸਦਾ ਜਨ ਜਾਗੇ॥		Eik Sabadh Veechaar Sadhaa Jan Jaagae ||	Some contemplate the Word of the Shabad; these humble beings remain always awake and aware.	ਕਈ ਐਸੇ ਮਨੁੱਖ ਹਨ ਜਿਹੜੇ ਗੁਰੂ ਦੇ ਸ਼ਬਦ ਨੂੰ ਵਿਚਾਰ ਕੇ (ਮਾਇਆ ਦੇ ਹੱਲਿਆਂ ਵੱਲੋਂ) ਸੁਚੇਤ ਰਹਿੰਦੇ ਹਨ,
44843	1047	ਇਕਿ ਮਾਇਆ ਮੋਹਿ ਸੋਇ ਰਹੇ ਅਭਾਗੇ॥		Eik Maaeiaa Mohi Soe Rehae Abhaagae ||	Some are attached to the love of Maya; these unfortunate ones remain asleep.	ਕਈ ਐਸੇ ਮੰਦ-ਭਾਗੀ ਹਨ ਜੋ ਸਦਾ ਮਾਇਆ ਦੇ ਮੋਹ ਵਿਚ ਗ਼ਾਫ਼ਿਲ ਪਏ ਰਹਿੰਦੇ ਹਨ।
44844	1047	ਆਪੇ ਕਰੇ ਕਰਾਏ ਆਪੇ ਹੋਰੁ ਕਰਣਾ ਕਿਛੂ ਨ ਜਾਈ ਹੇ॥੧੦॥		Aapae Karae Karaaeae Aapae Hor Karanaa Kishhoo N Jaaee Hae ||10||	He Himself acts, and inspires all to act; no one else can do anything. ||10||	(ਪਰ, ਜੀਵਾਂ ਦੇ ਕੀਹ ਵੱਸ?) ਪ੍ਰਭੂ ਆਪ ਹੀ (ਸਭ ਵਿਚ ਵਿਆਪਕ ਹੋ ਕੇ ਸਭ ਕੁਝ) ਕਰਦਾ ਹੈ, ਆਪ ਹੀ (ਜੀਵਾਂ ਪਾਸੋਂ) ਕਰਾਂਦਾ ਹੈ (ਉਸ ਦੀ ਰਜ਼ਾ ਦੇ ਵਿਰੁੱਧ) ਹੋਰ ਕੁਝ ਭੀ ਕੀਤਾ ਨਹੀਂ ਜਾ ਸਕਦਾ ॥੧੦॥
44845	1047	ਕਾਲੁ ਮਾਰਿ ਗੁਰ ਸਬਦਿ ਨਿਵਾਰੇ॥		Kaal Maar Gur Sabadh Nivaarae ||	Through the Word of the Guru's Shabad, death is conquered and killed.	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਆਤਮਕ ਮੌਤ ਨੂੰ ਮਾਰ ਕੇ (ਆਪਣੇ ਅੰਦਰੋਂ ਆਪਾ-ਭਾਵ) ਦੂਰ ਕਰਦਾ ਹੈ,
44846	1047	ਹਰਿ ਕਾ ਨਾਮੁ ਰਖੈ ਉਰ ਧਾਰੇ॥		Har Kaa Naam Rakhai Our Dhaarae ||	Keep the Name of the Lord enshrined within your heart.	ਅਤੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ,

44847	1047	ਸਤਿਗੁਰ ਸੇਵਾ ਤੇ ਸੁਖੁ ਪਾਇਆ ਹਰਿ ਕੈ ਨਾਮਿ ਸਮਾਈ ਹੇ॥੧੧॥		Sathigur Saevaa Thae Sukh Paaeiaa Har Kai Naam Samaaee Hae ||11||	Serving the True Guru, peace is obtained, and one merges in the Name of the Lord. ||11||	ਉਹ ਮਨੁੱਖ ਗੁਰੂ ਦੀ ਸਰਨ ਦੀ ਬਰਕਤਿ ਨਾਲ ਆਤਮਕ ਆਨੰਦ ਮਾਣਦਾ ਹੈ, ਪਰਮਾਤਮਾ ਦੇ ਨਾਮ ਵਿਚ ਸਦਾ ਟਿਕਿਆ ਰਹਿੰਦਾ ਹੈ ॥੧੧॥
44848	1047	ਦੂਜੈ ਭਾਇ ਫਿਰੈ ਦੇਵਾਨੀ॥		Dhoojai Bhaae Firai Dhaevaanee ||	In the love of duality, the world wanders around insane.	ਜਿਹੜੀ ਜੀਵ-ਇਸਤ੍ਰੀ ਮਾਇਆ ਦੇ ਮੋਹ ਵਿਚ ਝੱਲੀ ਹੋਈ ਭਟਕਦੀ ਫਿਰਦੀ ਹੈ,
44849	1047	ਮਾਇਆ ਮੋਹਿ ਦੁਖ ਮਾਹਿ ਸਮਾਨੀ॥		Maaeiaa Mohi Dhukh Maahi Samaanee ||	Immersed in love and attachment to Maya, it suffers in pain.	ਉਹ ਮਾਇਆ ਦੇ ਮੋਹ ਵਿਚ ਅਤੇ ਦੁੱਖਾਂ ਵਿਚ ਗ੍ਰਸੀ ਰਹਿੰਦੀ ਹੈ।
44850	1047	ਬਹੁਤੇ ਭੇਖ ਕਰੈ ਨਹ ਪਾਏ ਬਿਨੁ ਸਤਿਗੁਰ ਸੁਖੁ ਨ ਪਾਈ ਹੇ॥੧੨॥		Bahuthae Bhaekh Karai Neh Paaeae Bin Sathigur Sukh N Paaee Hae ||12||	Wearing all sorts of religious robes, He is not obtained. Without the True Guru, peace is not found. ||12||	ਜੇ ਉਹ ਬਹੁਤੇ ਧਾਰਮਿਕ ਪਹਿਰਾਵੇ ਭੀ ਧਾਰਨ ਕਰੇ, ਉਹ ਸੁਖ ਪ੍ਰਾਪਤ ਨਹੀਂ ਕਰ ਸਕਦੀ, ਗੁਰੂ ਦੀ ਸਰਨ ਪੈਣ ਤੋਂ ਬਿਨਾ ਸੁਖ ਨਹੀਂ ਮਿਲਦਾ ॥੧੨॥
44851	1047	ਕਿਸ ਨੋ ਕਹੀਐ ਜਾ ਆਪਿ ਕਰਾਏ॥		Kis No Keheeai Jaa Aap Karaaeae ||	Who is to blame, when He Himself does everything?	ਜਦੋਂ (ਪਰਮਾਤਮਾ) ਆਪ (ਹੀ ਜੀਵਾਂ ਪਾਸੋਂ ਸਭ ਕੁਝ) ਕਰਾ ਰਿਹਾ ਹੈ, ਤਾਂ ਉਸ ਤੋਂ ਬਿਨਾ ਕਿਸੇ ਹੋਰ ਪਾਸ ਪੁਕਾਰ ਨਹੀਂ ਕੀਤੀ ਜਾ ਸਕਦੀ।
44852	1047	ਜਿਤੁ ਭਾਵੈ ਤਿਤੁ ਰਾਹਿ ਚਲਾਏ॥		Jith Bhaavai Thith Raahi Chalaaeae ||	As He wills, so is the path we take.	ਜਿਸ ਰਾਹ ਉਤੇ ਤੋਰਨਾ ਉਸ ਨੂੰ ਚੰਗਾ ਲੱਗਦਾ ਹੈ ਉਸ ਰਾਹ ਉੱਤੇ ਹੀ (ਜੀਵਾਂ ਨੂੰ) ਤੋਰਦਾ ਹੈ।

44853	1047	ਆਪੇ ਮਿਹਰਵਾਨੁ ਸੁਖਦਾਤਾ ਜਿਉ ਭਾਵੈ ਤਿਵੈ ਚਲਾਈ ਹੇ॥੧੩॥		Aapae Miharavaan Sukhadhaathaa Jio Bhaavai Thivai Chalaaee Hae ||13||	He Himself is the Merciful Giver of peace; as He wills, so do we follow. ||13||	ਸਭਨਾ ਉਪਰ ਮਿਹਰ ਕਰਨ ਵਾਲਾ ਸੁਖਾਂ ਦਾ ਦਾਤਾ ਪਰਮਾਤਮਾ ਆਪ ਹੀ ਜਿਵੇਂ ਉਸ ਨੂੰ ਚੰਗਾ ਲੱਗਦਾ ਹੈ, ਉਸੇ ਤਰ੍ਹਾਂ (ਜੀਵਾਂ ਨੂੰ ਜੀਵਨ ਪੰਧ ਉਤੇ) ਤੋਰ ਰਿਹਾ ਹੈ ॥੧੩॥
44854	1047	ਆਪੇ ਕਰਤਾ ਆਪੇ ਭੁਗਤਾ॥		Aapae Karathaa Aapae Bhugathaa ||	He Himself is the Creator, and He Himself is the Enjoyer.	ਪਰਮਾਤਮਾ ਆਪ ਹੀ (ਜੀਵਾਂ ਨੂੰ) ਪੈਦਾ ਕਰਨ ਵਾਲਾ ਹੈ, ਆਪ ਹੀ (ਜੀਵਾਂ ਵਿਚ ਬੈਠ ਕੇ ਪਦਾਰਥਾਂ ਨੂੰ) ਭੋਗਣ ਵਾਲਾ ਹੈ।
44855	1047	ਆਪੇ ਸੰਜਮੁ ਆਪੇ ਜੁਗਤਾ॥		Aapae Sanjam Aapae Jugathaa ||	He Himself is detached, and He Himself is attached.	ਪ੍ਰਭੂ ਆਪ ਹੀ (ਪਦਾਰਥਾਂ ਦੇ ਭੋਗਣ ਵੱਲੋਂ) ਪਰਹੇਜ਼ (ਕਰਨ ਵਾਲਾ ਹੈ), ਆਪ ਹੀ ਸਭ ਜੀਵਾਂ ਤੇ ਪਦਾਰਥਾਂ ਵਿਚ ਵਿਆਪਕ ਹੈ।
44856	1047	ਆਪੇ ਨਿਰਮਲੁ ਮਿਹਰਵਾਨੁ ਮਧੁਸੂਦਨੁ ਜਿਸ ਦਾ ਹੁਕਮੁ ਨ ਮੇਟਿਆ ਜਾਈ ਹੇ॥੧੪॥		Aapae Niramal Miharavaan Madhhusoodhan Jis Dhaa Hukam N Maettiaa Jaaee Hae ||14||	He Himself is immaculate, compassionate, the lover of nectar; the Hukam of His Command cannot be erased. ||14||	ਉਹ ਆਪ ਹੀ ਪਵਿੱਤਰ ਹੈ, ਆਪ ਹੀ ਦਇਆ ਕਰਨ ਵਾਲਾ ਹੈ, ਆਪ ਹੀ ਵਿਕਾਰੀਆਂ ਦਾ ਨਾਸ ਕਰਨ ਵਾਲਾ ਹੈ, (ਉਹ ਐਸਾ ਹੈ) ਜਿਸ ਦਾ ਹੁਕਮ ਮੋੜਿਆ ਨਹੀਂ ਜਾ ਸਕਦਾ ॥੧੪॥
44857	1047	ਸੇ ਵਡਭਾਗੀ ਜਿਨੀ ਏਕੋ ਜਾਤਾ॥		Sae Vaddabhaagee Jinee Eaeko Jaathaa ||	Those who know the One Lord are very fortunate.	ਉਹ ਮਨੁੱਖ ਭਾਗਾਂ ਵਾਲੇ ਹਨ ਜਿਨ੍ਹਾਂ ਨੇ ਉਸ ਇੱਕ ਪਰਮਾਤਮਾ ਨੂੰ (ਹਰ ਥਾਂ) ਜਾਣਿਆ ਹੈ,

44858	1048	ਘਟਿ ਘਟਿ ਵਸਿ ਰਹਿਆ ਜਗਜੀਵਨੁ ਦਾਤਾ॥		Ghatt Ghatt Vas Rehiaa Jagajeevan Dhaathaa ||	He dwells in each and every heart, the Great Giver, the Life of the world.	(ਜਿਨ੍ਹਾਂ ਇਹ ਸਮਝਿਆ ਹੈ ਕਿ) ਜਗਤ ਦਾ ਸਹਾਰਾ ਦਾਤਾਰ ਹਰੇਕ ਸਰੀਰ ਵਿਚ ਵੱਸ ਰਿਹਾ ਹੈ।
44859	1048	ਇਕ ਥੈ ਗੁਪਤੁ ਪਰਗਟੁ ਹੈ ਆਪੇ ਗੁਰਮੁਖਿ ਭ੍ਰਮੁ ਭਉ ਜਾਈ ਹੇ॥੧੫॥		Eik Thhai Gupath Paragatt Hai Aapae Guramukh Bhram Bho Jaaee Hae ||15||	At the same time, He is both hidden and revealed. For the Gurmukh, doubt and fear are dispelled. ||15||	ਕਿਸੇ ਥਾਂ ਉਹ ਲੁਕਿਆ ਹੋਇਆ (ਵੱਸਦਾ) ਹੈ, ਕਿਸੇ ਥਾਂ ਪਰਤੱਖ ਦਿੱਸ ਰਿਹਾ ਹੈ-ਗੁਰੂ ਦੀ ਰਾਹੀਂ (ਇਹ ਨਿਸਚਾ ਕਰ ਕੇ ਮਨੁੱਖ ਦਾ) ਭਰਮ ਤੇ ਡਰ ਦੂਰ ਹੋ ਜਾਂਦਾ ਹੈ (ਫਿਰ ਨਾਹ ਕੋਈ ਵੈਰੀ ਦਿੱਸਦਾ ਹੈ ਤੇ ਨਾ ਹੀ ਕਿਸੇ ਤੋਂ ਡਰ ਆਉਂਦਾ ਹੈ) ॥੧੫॥
44860	1048	ਗੁਰਮੁਖਿ ਹਰਿ ਜੀਉ ਏਕੋ ਜਾਤਾ॥		Guramukh Har Jeeo Eaeko Jaathaa ||	The Gurmukh knows the One, the Dear Lord.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਇਕ ਪਰਮਾਤਮਾ ਨਾਲ ਹੀ ਡੂੰਘੀ ਸਾਂਝ ਪਾਂਦਾ ਹੈ।
44861	1048	ਅੰਤਰਿ ਨਾਮੁ ਸਬਦਿ ਪਛਾਤਾ॥		Anthar Naam Sabadh Pashhaathaa ||	Deep within the nucleus of his inner being, is the Naam, the Name of the Lord; he realizes the Word of the Shabad.	ਉਸ ਦੇ ਅੰਦਰ ਪ੍ਰਭੂ ਦਾ ਨਾਮ ਵੱਸਦਾ ਹੈ, ਉਹ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਨੂੰ (ਹਰ ਥਾਂ) ਪਛਾਣਦਾ ਹੈ।

44862	1048	ਜਿਸੁ ਤੂ ਦੇਹਿ ਸੋਈ ਜਨੁ ਪਾਏ ਨਾਨਕ ਨਾਮਿ ਵਡਾਈ ਹੇ॥੧੬॥੪॥		Jis Thoo Dhaehi Soee Jan Paaeae Naanak Naam Vaddaaee Hae ||16||4||	He alone receives it, unto whom You give it. O Nanak, the Naam is glorious greatness. ||16||4||	ਹੇ ਨਾਨਕ! ਜਿਸ ਮਨੁੱਖ ਨੂੰ ਤੂੰ ਆਪਣਾ ਨਾਮ ਦੇਂਦਾ ਹੈਂ, ਉਹੀ ਮਨੁੱਖ ਤੇਰਾ ਨਾਮ ਪ੍ਰਾਪਤ ਕਰਦਾ ਹੈ। ਨਾਮ ਦੀ ਰਾਹੀਂ ਉਸ ਨੂੰ (ਲੋਕ ਪਰਲੋਕ ਦੀ) ਇੱਜ਼ਤ ਪ੍ਰਾਪਤ ਹੁੰਦੀ ਹੈ ॥੧੬॥੪॥
44863	1048	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
44864	1048	ਸਚੁ ਸਾਲਾਹੀ ਗਹਿਰ ਗੰਭੀਰੈ॥		Sach Saalaahee Gehir Ganbheerai ||	I praise the true, profound and unfathomable Lord.	ਮੈਂ ਤਾਂ ਉਸ ਅਥਾਹ ਤੇ ਵੱਡੇ ਜਿਗਰੇ ਵਾਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹਾਂ,
44865	1048	ਸਭੁ ਜਗੁ ਹੈ ਤਿਸ ਹੀ ਕੈ ਚੀਰੈ॥	ਜੱਗੁ	Sabh Jag Hai This Hee Kai Cheerai ||	All the world is in His power.	ਜੋ ਸਦਾ ਕਾਇਮ ਰਹਿਣ ਵਾਲਾ ਹੈ, ਸਾਰਾ ਜਗਤ ਜਿਸ ਦੇ ਹੁਕਮ ਵਿਚ ਤੁਰ ਰਿਹਾ ਹੈ,
44866	1048	ਸਭਿ ਘਟ ਭੋਗਵੈ ਸਦਾ ਦਿਨੁ ਰਾਤੀ ਆਪੇ ਸੂਖ ਨਿਵਾਸੀ ਹੇ॥੧॥		Sabh Ghatt Bhogavai Sadhaa Dhin Raathee Aapae Sookh Nivaasee Hae ||1||	He enjoys all hearts forever, day and night; He Himself dwells in peace. ||1||	ਜੋ ਸਾਰੇ ਸਰੀਰਾਂ ਵਿਚ ਮੌਜੂਦ ਹੈ ਅਤੇ ਜੋ ਆਪ ਹੀ ਸਾਰੇ ਸੁਖਾਂ ਦਾ ਸੋਮਾ ਹੈ ॥੧॥
44867	1048	ਸਚਾ ਸਾਹਿਬੁ ਸਚੀ ਨਾਈ॥		Sachaa Saahib Sachee Naaee ||	True is the Lord and Master, and True is His Name.	ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੀ ਵਡਿਆਈ ਭੀ ਸਦਾ ਕਾਇਮ ਰਹਿਣ ਵਾਲੀ ਹੈ।
44868	1048	ਗੁਰ ਪਰਸਾਦੀ ਮੰਨਿ ਵਸਾਈ॥		Gur Parasaadhee Mann Vasaaee ||	By Guru's Grace, I enshrine Him in my mind.	ਗੁਰੂ ਦੀ ਕਿਰਪਾ ਨਾਲ ਉਸ ਨੂੰ ਮਨ ਵਿਚ ਵਸਾਇਆ ਜਾ ਸਕਦਾ ਹੈ।

44869	1048	ਆਪੇ ਆਇ ਵਸਿਆ ਘਟ ਅੰਤਰਿ ਤੂਟੀ ਜਮ ਕੀ ਫਾਸੀ ਹੇ॥੨॥		Aapae Aae Vasiaa Ghatt Anthar Thoottee Jam Kee Faasee Hae ||2||	He Himself has come to dwell deep within the nucleus of my heart; the noose of death has been snapped. ||2||	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਆਪੇ ਹੀ (ਮਿਹਰ ਕਰ ਕੇ) ਆ ਵੱਸਦਾ ਹੈ, ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ ॥੨॥
44870	1048	ਕਿਸੁ ਸੇਵੀ ਤੈ ਕਿਸੁ ਸਾਲਾਹੀ॥		Kis Saevee Thai Kis Saalaahee ||	Whom should I serve, and whom should I praise?	(ਜੇ ਤੂੰ ਪੁੱਛੇਂ ਕਿ) ਮੈਂ ਕਿਸ ਦੀ ਸੇਵਾ ਕਰਦਾ ਹਾਂ ਅਤੇ ਕਿਸ ਦੀ ਸਿਫ਼ਤ-ਸਾਲਾਹ ਕਰਦਾ ਹਾਂ,
44871	1048	ਸਤਿਗੁਰੁ ਸੇਵੀ ਸਬਦਿ ਸਾਲਾਹੀ॥		Sathigur Saevee Sabadh Saalaahee ||	I serve the True Guru, and praise the Word of the Shabad.	(ਤਾਂ ਇਸ ਦਾ ਉੱਤਰ ਇਹ ਹੈ ਕਿ) ਮੈਂ ਸਦਾ ਗੁਰੂ ਦੀ ਸਰਨ ਪਿਆ ਰਹਿੰਦਾ ਹਾਂ ਅਤੇ ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਦੀ) ਸਿਫ਼ਤ-ਸਾਲਾਹ ਕਰਦਾ ਹਾਂ।
44872	1048	ਸਚੈ ਸਬਦਿ ਸਦਾ ਮਤਿ ਊਤਮ ਅੰਤਰਿ ਕਮਲੁ ਪ੍ਰਗਾਸੀ ਹੇ॥੩॥		Sachai Sabadh Sadhaa Math Ootham Anthar Kamal Pragaasee Hae ||3||	Through the True Shabad, the intellect is exalted and ennobled forever, and the lotus deep within blossoms forth. ||3||	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਦੀ ਬਰਕਤਿ ਨਾਲ ਮਨੁੱਖ ਦੀ ਬੁੱਧੀ ਸਦਾ ਸ੍ਰੇਸ਼ਟ ਰਹਿੰਦੀ ਹੈ ਅਤੇ ਮਨੁੱਖ ਦੇ ਅੰਦਰ ਉਸ ਦਾ ਹਿਰਦਾ-ਕੌਲ ਫੁੱਲ ਖਿੜਿਆ ਰਹਿੰਦਾ ਹੈ ॥੩॥
44873	1048	ਦੇਹੀ ਕਾਚੀ ਕਾਗਦ ਮਿਕਦਾਰਾ॥	(ਮਿਕਦਾਰਾ) ਬਰਾਬਰ	Dhaehee Kaachee Kaagadh Mikadhaaraa ||	The body is frail and perishable, like paper.	ਮਨੁੱਖ ਦਾ ਇਹ ਸਰੀਰ ਕਾਗ਼ਜ਼ ਵਾਂਗ ਨਾਸਵੰਤ ਹੈ,

44874	1048	ਬੂੰਦ ਪਵੈ ਬਿਨਸੈ ਢਹਤ ਨ ਲਾਗੈ ਬਾਰਾ॥		Boondh Pavai Binasai Dtehath N Laagai Baaraa ||	When the drop of water falls upon it, it crumbles and dissolves instantaneously.	(ਜਿਵੇਂ ਕਾਗ਼ਜ਼ ਉਤੇ ਪਾਣੀ ਦੀ ਇਕ) ਬੂੰਦ ਪੈ ਜਾਏ ਤਾਂ (ਕਾਗ਼ਜ਼) ਗਲ ਜਾਂਦਾ ਹੈ (ਇਸੇ ਤਰ੍ਹਾਂ ਇਸ ਸਰੀਰ ਦਾ) ਨਾਸ ਹੁੰਦਿਆਂ ਭੀ ਚਿਰ ਨਹੀਂ ਲੱਗਦਾ।
44875	1048	ਕੰਚਨ ਕਾਇਆ ਗੁਰਮੁਖਿ ਬੂਝੈ ਜਿਸੁ ਅੰਤਰਿ ਨਾਮੁ ਨਿਵਾਸੀ ਹੇ॥੪॥		Kanchan Kaaeiaa Guramukh Boojhai Jis Anthar Naam Nivaasee Hae ||4||	But the body of the Gurmukh, who understands, is like gold; the Naam, the Name of the Lord, dwells deep within. ||4||	ਪਰ ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੋ ਕੇ (ਸਹੀ ਜੀਵਨ-ਰਾਹ) ਸਮਝ ਲੈਂਦਾ ਹੈ ਜਿਸ ਦੇ ਅੰਦਰ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ, ਉਸ ਦਾ ਇਹ ਸਰੀਰ (ਵਿਕਾਰਾਂ ਤੋਂ ਬਚਿਆ ਰਹਿ ਕੇ) ਸੁੱਧ ਸੋਨਾ ਬਣਿਆ ਰਹਿੰਦਾ ਹੈ ॥੪॥
44876	1048	ਸਚਾ ਚਉਕਾ ਸੁਰਤਿ ਕੀ ਕਾਰਾ॥		Sachaa Choukaa Surath Kee Kaaraa ||	Pure is that kitchen, which is enclosed by spiritual awareness.	ਉਹ ਹਿਰਦਾ ਸਦਾ ਪਵਿੱਤਰ ਹੈ, ਉਹ ਹਿਰਦਾ ਹੀ ਸਦਾ (ਸੁੱਚਾ) ਰਹਿਣ ਵਾਲਾ ਚੌਂਕਾ ਹੈ, ਪ੍ਰਭੂ-ਚਰਨਾਂ ਵਿਚ ਬਣੀ ਹੋਈ ਲਗਨ ਉਸ ਚੌਂਕੇ ਦੀਆਂ ਲਕੀਰਾਂ ਹਨ (ਜੋ ਵਿਕਾਰਾਂ ਨੂੰ, ਬਾਹਰੋਂ ਆ ਕੇ ਚੌਂਕਾ ਭਿੱਟਣ ਤੋਂ ਰੋਕਦੀਆਂ ਹਨ)
44877	1048	ਹਰਿ ਨਾਮੁ ਭੋਜਨੁ ਸਚੁ ਆਧਾਰਾ॥		Har Naam Bhojan Sach Aadhhaaraa ||	The Lord's Name is my food, and Truth is my support.	ਜਿਸ ਹਿਰਦੇ ਵਿਚ ਪਰਮਾਤਮਾ ਦਾ ਨਾਮ ਸਦਾ ਵੱਸਦਾ ਹੈ, ਉਹ ਹਿਰਦਾ (ਮਾਇਆ ਦੀ ਤ੍ਰਿਸ਼ਨਾ ਵੱਲੋਂ) ਰੱਜਿਆ ਰਹਿੰਦਾ ਹੈ।

44878	1048	ਸਦਾ ਤ੍ਰਿਪਤਿ ਪਵਿਤ੍ਰੁ ਹੈ ਪਾਵਨੁ ਜਿਤੁ ਘਟਿ ਹਰਿ ਨਾਮੁ ਨਿਵਾਸੀ ਹੇ॥੫॥		Sadhaa Thripath Pavithra Hai Paavan Jith Ghatt Har Naam Nivaasee Hae ||5||	Forever satisfied, sanctified and pure is that person, within whose heart the Lord's Name abides. ||5||	ਅਜਿਹੇ ਹਿਰਦੇ ਦੀ ਖ਼ੁਰਾਕ ਪਰਮਾਤਮਾ ਦਾ ਨਾਮ ਹੈ, ਸਦਾ-ਥਿਰ ਪਰਮਾਤਮਾ ਹੀ ਉਸ ਹਿਰਦੇ ਦੀ ਖ਼ੁਰਾਕ ਪਰਮਾਤਮਾ ਹੈ ॥੫॥
44879	1048	ਹਉ ਤਿਨ ਬਲਿਹਾਰੀ ਜੋ ਸਾਚੈ ਲਾਗੇ॥		Ho Thin Balihaaree Jo Saachai Laagae ||	I am a sacrifice to those who are attached to the Truth.	ਮੈਂ ਉਹਨਾਂ ਮਨੁੱਖਾਂ ਤੋਂ ਕੁਰਬਾਨ ਜਾਂਦਾ ਹਾਂ, ਜਿਹੜੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਜੁੜੇ ਰਹਿੰਦੇ ਹਨ,
44880	1048	ਹਰਿ ਗੁਣ ਗਾਵਹਿ ਅਨ ਦਿਨੁ ਜਾਗੇ॥		Har Gun Gaavehi Anadhin Jaagae ||	They sing the Glorious Praises of the Lord, and remain awake and aware night and day.	ਜਿਹੜੇ ਹਰ ਵੇਲੇ (ਮਾਇਆ ਦੇ ਹੱਲਿਆਂ ਵੱਲੋਂ) ਸੁਚੇਤ ਰਹਿ ਕੇ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ।
44881	1048	ਸਾਚਾ ਸੂਖੁ ਸਦਾ ਤਿਨ ਅੰਤਰਿ ਰਸਨਾ ਹਰਿ ਰਸਿ ਰਾਸੀ ਹੇ॥੬॥		Saachaa Sookh Sadhaa Thin Anthar Rasanaa Har Ras Raasee Hae ||6||	True peace fills them forever, and their tongues savor the sublime essence of the Lord. ||6||	ਉਹਨਾਂ ਦੇ ਅੰਦਰ ਸਦਾ ਟਿਕਿਆ ਰਹਿਣ ਵਾਲਾ ਆਨੰਦ ਬਣਿਆ ਰਹਿੰਦਾ ਹੈ, ਉਹਨਾਂ ਦੀ ਜੀਭ ਪ੍ਰਭੂ ਦੇ ਨਾਮ-ਰਸ ਵਿਚ ਰਸੀ ਰਹਿੰਦੀ ਹੈ ॥੬॥
44882	1048	ਹਰਿ ਨਾਮੁ ਚੇਤਾ ਅਵਰੁ ਨ ਪੂਜਾ॥	ਪੂਜਾ: ਪੋਲਾ ਬੋਲੋ	Har Naam Chaethaa Avar N Poojaa ||	I remember the Lord's Name, and no other at all.	ਮੈਂ ਤਾਂ ਪਰਮਾਤਮਾ ਦਾ ਨਾਮ (ਹੀ) ਸਦਾ ਯਾਦ ਕਰਦਾ ਹਾਂ, ਮੈਂ ਕਿਸੇ ਹੋਰ ਦੀ ਪੂਜਾ ਨਹੀਂ ਕਰਦਾ।

44883	1048	ੲੇਕੋ ਸੇਵੀ ਅਵਰੁ ਨ ਦੂਜਾ॥		Eaeko Saevee Avar N Dhoojaa ||	I serve the One Lord, and no other at all.	ਮੈਂ ਇਕ ਪਰਾਮਤਮਾ ਦੀ ਹੀ ਸੇਵਾ-ਭਗਤੀ ਕਰਦਾ ਹਾਂ; ਕਿਸੇ ਹੋਰ ਦੂਜੇ ਦੀ ਸੇਵਾ ਮੈਂ ਨਹੀਂ ਕਰਦਾ।
44884	1048	ਪੂਰੈ ਗੁਰਿ ਸਭੁ ਸਚੁ ਦਿਖਾਇਆ ਸਚੈ ਨਾਮਿ ਨਿਵਾਸੀ ਹੇ॥੭॥		Poorai Gur Sabh Sach Dhikhaaeiaa Sachai Naam Nivaasee Hae ||7||	The Perfect Guru has revealed the whole Truth to me; I dwell in the True Name. ||7||	(ਜਿਸ ਮਨੁੱਖ ਨੂੰ) ਪੂਰੇ ਗੁਰੂ ਨੇ ਸਦਾ ਕਾਇਮ ਰਹਿਣ ਵਾਲਾ ਹਰੀ ਪਰਮਾਤਮਾ ਹਰ ਥਾਂ ਵਿਖਾ ਦਿੱਤਾ, ਉਹ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਲੀਨ ਰਹਿੰਦਾ ਹੈ ॥੭॥
44885	1048	ਭ੍ਰਮਿ ਭ੍ਰਮਿ ਜੋਨੀ ਫਿਰਿ ਫਿਰਿ ਆਇਆ॥		Bhram Bhram Jonee Fir Fir Aaeiaa ||	Wandering, wandering in reincarnation, again and again, he comes into the world.	ਜੀਵ ਭਟਕ ਭਟਕ ਕੇ ਮੁੜ ਮੁੜ ਜੂਨਾਂ ਵਿਚ ਪਿਆ ਰਹਿੰਦਾ ਹੈ।
44886	1048	ਆਪਿ ਭੂਲਾ ਜਾ ਖਸਮਿ ਭੁਲਾਇਆ॥		Aap Bhoolaa Jaa Khasam Bhulaaeiaa ||	He is deluded and confused, when the Lord and Master confuses him.	(ਜੀਵ ਦੇ ਕੀਹ ਵੱਸ?) ਜਦੋਂ ਮਾਲਕ-ਪ੍ਰਭੂ ਨੇ ਇਸ ਨੂੰ ਕੁਰਾਹੇ ਪਾ ਦਿੱਤਾ, ਤਾਂ ਇਹ ਜੀਵ ਭੀ ਕੁਰਾਹੇ ਪੈ ਗਿਆ।
44887	1048	ਹਰਿ ਜੀਉ ਮਿਲੈ ਤਾ ਗੁਰਮੁਖਿ ਬੂਝੈ ਚੀਨੈ ਸਬਦੁ ਅਬਿਨਾਸੀ ਹੇ॥੮॥		Har Jeeo Milai Thaa Guramukh Boojhai Cheenai Sabadh Abinaasee Hae ||8||	He meets with the Dear Lord, when, as Gurmukh, he understands; he remembers the Shabad, the Word of the immortal, eternal Lord God. ||8||	ਜਦੋਂ ਪਰਮਾਤਮਾ ਇਸ ਨੂੰ ਮਿਲਦਾ ਹੈ (ਇਸ ਉਤੇ ਦਇਆ ਕਰਦਾ ਹੈ) ਤਦੋਂ ਗੁਰੂ ਦੀ ਸਰਨ ਪੈ ਕੇ ਇਹ (ਸਹੀ ਜੀਵਨ-ਰਾਹ) ਸਮਝਦਾ ਹੈ, ਤਦੋਂ ਅਬਿਨਾਸੀ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਨੂੰ (ਆਪਣੇ ਹਿਰਦੇ ਵਿਚ) ਤੋਲਦਾ ਹੈ ॥੮॥

44888	1048	ਕਾਮਿ ਕ੍ਰੋਧਿ ਭਰੇ ਹਮ ਅਪਰਾਧੀ॥		Kaam Krodhh Bharae Ham Aparaadhhee ||	I am a sinner, overflowing with sexual desire and anger.	ਹੇ ਪ੍ਰਭੂ! ਅਸੀਂ ਭੁੱਲਣਹਾਰ ਜੀਵ ਕਾਮ ਕ੍ਰੋਧ (ਦੇ ਚਿੱਕੜ) ਨਾਲ ਲਿੱਬੜੇ ਰਹਿੰਦੇ ਹਾਂ।
44889	1048	ਕਿਆ ਮੁਹੁ ਲੈ ਬੋਲਹ ਨਾ ਹਮ ਗੁਣ ਨ ਸੇਵਾ ਸਾਧੀ॥	ਸਾੱਧੀ	Kiaa Muhu Lai Boleh Naa Ham Gun N Saevaa Saadhhee ||	With what mouth should I speak? I have no virtue, and I have rendered no service.	ਤੇਰੇ ਅੱਗੇ ਅਰਜ਼ ਕਰਦਿਆਂ ਭੀ ਸ਼ਰਮ ਆਉਂਦੀ ਹੈ। ਨਾਹ ਸਾਡੇ ਅੰਦਰ ਕੋਈ ਗੁਣ ਹਨ, ਨਾਹ ਅਸਾਂ ਕੋਈ ਸੇਵਾ-ਭਗਤੀ ਕੀਤੀ ਹੈ।
44890	1048	ਡੁਬਦੇ ਪਾਥਰ ਮੇਲਿ ਲੈਹੁ ਤੁਮ ਆਪੇ ਸਾਚੁ ਨਾਮੁ ਅਬਿਨਾਸੀ ਹੇ॥੯॥		Ddubadhae Paathhar Mael Laihu Thum Aapae Saach Naam Abinaasee Hae ||9||	I am a sinking stone; please, Lord, unite me with Yourself. Your Name is eternal and imperishable. ||9||	(ਪਰ ਤੂੰ ਸਦਾ ਦਇਆਲ ਹੈਂ, ਮਿਹਰ ਕਰ) ਤੂੰ ਆਪ ਹੀ ਸਾਨੂੰ ਡੁੱਬ ਰਹੇ ਪੱਥਰਾਂ ਨੂੰ (ਵਿਕਾਰਾਂ ਵਿਚ ਡੁੱਬ ਰਹੇ ਪੱਥਰ-ਦਿਲਾਂ ਨੂੰ) ਆਪਣੇ ਨਾਮ ਵਿਚ ਲਾ ਲੈ। ਤੇਰਾ ਨਾਮ ਹੀ ਸਦਾ ਅਟੱਲ ਹੈ ਤੇ ਨਾਸ-ਰਹਿਤ ਹੈ ॥੯॥
44891	1048	ਨਾ ਕੋਈ ਕਰੇ ਨ ਕਰਣੈ ਜੋਗਾ॥		Naa Koee Karae N Karanai Jogaa ||	No one does anything; no one is able to do anything.	ਹੇ ਪ੍ਰਭੂ! (ਤੇਰੀ ਪ੍ਰੇਰਨਾ ਤੋਂ ਬਿਨਾ) ਕੋਈ ਭੀ ਜੀਵ ਕੁਝ ਨਹੀਂ ਕਰਦਾ, ਕਰਨ ਦੀ ਸਮਰਥਾ ਭੀ ਨਹੀਂ ਰੱਖਦਾ।
44892	1048	ਆਪੇ ਕਰਹਿ ਕਰਾਵਹਿ ਸੁ ਹੋਇਗਾ॥		Aapae Karehi Karaavehi S Hoeigaa ||	That alone happens, which the Lord Himself does, and causes to be done.	ਜਗਤ ਵਿਚ ਉਹੀ ਕੁਝ ਹੋ ਸਕਦਾ ਹੈ ਜੋ ਤੂੰ ਆਪ ਹੀ ਕਰਦਾ ਹੈਂ ਤੇ (ਜੀਵਾਂ ਪਾਸੋਂ) ਕਰਾਂਦਾ ਹੈਂ।

44893	1048	ਆਪੇ ਬਖਸਿ ਲੈਹਿ ਸੁਖੁ ਪਾਏ ਸਦ ਹੀ ਨਾਮਿ ਨਿਵਾਸੀ ਹੇ॥੧੦॥		Aapae Bakhas Laihi Sukh Paaeae Sadh Hee Naam Nivaasee Hae ||10||	Those whom He Himself forgives, find peace; they dwell forever in the Naam, the Name of the Lord. ||10||	ਜਿਸ ਮਨੁੱਖ ਉਤੇ ਤੂੰ ਆਪ ਹੀ ਦਇਆਵਾਨ ਹੁੰਦਾ ਹੈਂ, ਉਹ ਆਤਮਕ ਆਨੰਦ ਮਾਣਦਾ ਹੈ ਅਤੇ ਸਦਾ ਹੀ ਤੇਰੇ ਨਾਮ ਵਿਚ ਲੀਨ ਰਹਿੰਦਾ ਹੈ ॥੧੦॥
44894	1048	ਇਹੁ ਤਨੁ ਧਰਤੀ ਸਬਦੁ ਬੀਜਿ ਅਪਾਰਾ॥		Eihu Than Dhharathee Sabadh Beej Apaaraa ||	This body is the earth, and the infinite Shabad is the seed.	(ਆਪਣੇ) ਇਸ ਸਰੀਰ ਨੂੰ ਧਰਤੀ ਬਣਾ, ਇਸ ਵਿਚ ਬੇਅੰਤ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਬੀਜ ਪਾ।
44895	1048	ਹਰਿ ਸਾਚੇ ਸੇਤੀ ਵਣਜੁ ਵਾਪਾਰਾ॥		Har Saachae Saethee Vanaj Vaapaaraa ||	Deal and trade with the True Name alone.	ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨਾਲ ਹੀ (ਉਸ ਦੇ ਨਾਮ ਦਾ) ਵਣਜ ਵਪਾਰ ਕਰਿਆ ਕਰ।
44896	1048	ਸਚੁ ਧਨੁ ਜੰਮਿਆ ਤੋਟਿ ਨ ਆਵੈ ਅੰਤਰਿ ਨਾਮੁ ਨਿਵਾਸੀ ਹੇ॥੧੧॥		Sach Dhhan Janmiaa Thott N Aavai Anthar Naam Nivaasee Hae ||11||	The True wealth increases; it is never exhausted, when the Naam dwells deep within. ||11||	(ਇਸ ਤਰ੍ਹਾਂ) ਸਦਾ ਕਾਇਮ ਰਹਿਣ ਵਾਲਾ (ਨਾਮ-) ਧਨ ਪੈਦਾ ਹੁੰਦਾ ਹੈ, ਉਸ ਵਿਚ ਕਦੇ ਕਮੀ ਨਹੀਂ ਹੁੰਦੀ। (ਜਿਹੜਾ ਮਨੁੱਖ ਇਹ ਉੱਦਮ ਕਰਦਾ ਹੈ, ਉਸ ਦੇ) ਅੰਦਰ ਪਰਮਾਤਮਾ ਦਾ ਨਾਮ ਸਦਾ ਵੱਸਿਆ ਰਹਿੰਦਾ ਹੈ ॥੧੧॥
44897	1048	ਹਰਿ ਜੀਉ ਅਵਗਣਿਆਰੇ ਨੋ ਗੁਣੁ ਕੀਜੈ॥		Har Jeeo Avaganiaarae No Gun Keejai ||	O Dear Lord, please bless me, the worthless sinner, with virtue.	ਹੇ ਪ੍ਰਭੂ ਜੀ! ਗੁਣ-ਹੀਨ ਜੀਵ ਵਿਚ ਗੁਣ ਪੈਦਾ ਕਰ,

44898	1048	ਆਪੇ ਬਖਸਿ ਲੈਹਿ ਨਾਮੁ ਦੀਜੈ॥		Aapae Bakhas Laihi Naam Dheejai ||	Forgive me, and bless me with Your Name.	ਤੂੰ ਆਪ ਹੀ ਮਿਹਰ ਕਰ ਤੇ ਇਸ ਨੂੰ ਆਪਣਾ ਨਾਮ ਬਖ਼ਸ਼।
44899	1048	ਗੁਰਮੁਖਿ ਹੋਵੈ ਸੋ ਪਤਿ ਪਾਏ ਇਕਤੁ ਨਾਮਿ ਨਿਵਾਸੀ ਹੇ॥੧੨॥		Guramukh Hovai So Path Paaeae Eikath Naam Nivaasee Hae ||12||	One who becomes Gurmukh, is honored; he dwells in the Name of the One Lord alone. ||12||	ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ, ਉਹ (ਲੋਕ ਪਰਲੋਕ ਵਿਚ) ਇੱਜ਼ਤ ਖੱਟਦਾ ਹੈ; ਉਹ ਸਦਾ ਪ੍ਰਭੂ ਦੇ ਨਾਮ ਵਿਚ ਹੀ ਲੀਨ ਰਹਿੰਦਾ ਹੈ ॥੧੨॥
44900	1048	ਅੰਤਰਿ ਹਰਿ ਧਨੁ ਸਮਝ ਨ ਹੋਈ॥		Anthar Har Dhhan Samajh N Hoee ||	The wealth of the Lord is deep within one's inner being, but he does not realize it.	ਹਰੇਕ ਮਨੁੱਖ ਦੇ ਅੰਦਰ ਪਰਮਾਤਮਾ ਦਾ ਨਾਮ-ਧਨ ਮੌਜੂਦ ਹੈ, ਪਰ ਮਨੁੱਖ ਨੂੰ ਇਹ ਸਮਝ ਨਹੀਂ ਹੈ।
44901	1048	ਗੁਰ ਪਰਸਾਦੀ ਬੂਝੈ ਕੋਈ॥		Gur Parasaadhee Boojhai Koee ||	By Guru's Grace, one comes to understand.	ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਨਾਲ (ਇਹ ਭੇਤ) ਸਮਝਦਾ ਹੈ।
44902	1048	ਗੁਰਮੁਖਿ ਹੋਵੈ ਸੋ ਧਨੁ ਪਾਏ ਸਦ ਹੀ ਨਾਮਿ ਨਿਵਾਸੀ ਹੇ॥੧੩॥		Guramukh Hovai So Dhhan Paaeae Sadh Hee Naam Nivaasee Hae ||13||	One who becomes Gurmukh is blessed with this wealth; he lives forever in the Naam. ||13||	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ (ਆਪਣੇ ਅੰਦਰ ਇਹ) ਧਨ ਲੱਭ ਲੈਂਦਾ ਹੈ, ਫਿਰ ਉਹ ਸਦਾ ਹੀ ਨਾਮ ਵਿਚ ਟਿਕਿਆ ਰਹਿੰਦਾ ਹੈ ॥੧੩॥
44903	1048	ਅਨਲ ਵਾਉ ਭਰਮਿ ਭੁਲਾਈ॥		Anal Vaao Bharam Bhulaaee ||	Fire and wind lead him into delusions of doubt.	(ਜਗਤ ਵਿਚ ਤ੍ਰਿਸ਼ਨਾ ਦੀ) ਅੱਗ (ਬਲ ਰਹੀ ਹੈ), (ਤ੍ਰਿਸ਼ਨਾ ਦਾ) ਝੱਖੜ (ਝੁੱਲ ਰਿਹਾ ਹੈ), ਭਟਕਣਾ ਵਿਚ ਪੈ ਕੇ ਮਨੁੱਖ ਕੁਰਾਹੇ ਪਿਆ ਰਹਿੰਦਾ ਹੈ।

44904	1049	ਮਾਇਆ ਮੋਹਿ ਸੁਧਿ ਨ ਕਾਈ॥		Maaeiaa Mohi Sudhh N Kaaee ||	In love and attachment to Maya, he has no understanding at all.	ਮਾਇਆ ਦੇ ਮੋਹ ਦੇ ਕਾਰਨ ਮਨੁੱਖ ਨੂੰ ਰਤਾ ਭਰ ਭੀ (ਇਸ ਗ਼ਲਤੀ ਦੀ) ਸੂਝ ਨਹੀਂ ਹੁੰਦੀ।
44905	1049	ਮਨਮੁਖ ਅੰਧੇ ਕਿਛੂ ਨ ਸੂਝੈ ਗੁਰਮਤਿ ਨਾਮੁ ਪ੍ਰਗਾਸੀ ਹੇ॥੧੪॥		Manamukh Andhhae Kishhoo N Soojhai Guramath Naam Pragaasee Hae ||14||	The blind, self-willed manmukh sees nothing; through the Guru's Teachings, the Naam is gloriously revealed. ||14||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਅੰਨ੍ਹੇ ਮਨੁੱਖ ਨੂੰ (ਆਤਮਕ ਜੀਵਨ ਬਾਰੇ) ਕੁਝ ਭੀ ਨਹੀਂ ਸੁੱਝਦਾ। ਜਿਹੜਾ ਮਨੁੱਖ ਗੁਰੂ ਦੀ ਮੱਤ ਲੈਂਦਾ ਹੈ ਉਸ ਦੇ ਅੰਦਰ ਪਰਮਾਤਮਾ ਦਾ ਨਾਮ ਚਮਕ ਪੈਂਦਾ ਹੈ ॥੧੪॥
44906	1049	ਮਨਮੁਖ ਹਉਮੈ ਮਾਇਆ ਸੂਤੇ॥		Manamukh Houmai Maaeiaa Soothae ||	The manmukhs are asleep in egotism and Maya.	ਮਨ ਦੇ ਮੁਰੀਦ ਮਨੁੱਖ ਹਉਮੈ ਵਿਚ ਮਾਇਆ (ਦੇ ਮੋਹ) ਵਿਚ (ਸਹੀ ਜੀਵਨ ਵਲੋਂ) ਗ਼ਾਫ਼ਿਲ ਹੋਏ ਰਹਿੰਦੇ ਹਨ,
44907	1049	ਅਪਣਾ ਘਰੁ ਨ ਸਮਾਲਹਿ ਅੰਤਿ ਵਿਗੂਤੇ॥		Apanaa Ghar N Samaalehi Anth Vigoothae ||	They do not watch over their own homes, and are ruined in the end.	(ਵਿਕਾਰਾਂ ਵੱਲੋਂ) ਹੋ ਰਹੇ ਹੱਲਿਆਂ ਤੋਂ ਉਹ ਆਪਣਾ ਹਿਰਦਾ-ਘਰ ਨਹੀਂ ਬਚਾਂਦੇ, ਆਖ਼ਿਰ ਖ਼ੁਆਰ ਹੁੰਦੇ ਹਨ।
44908	1049	ਪਰ ਨਿੰਦਾ ਕਰਹਿ ਬਹੁ ਚਿੰਤਾ ਜਾਲੈ ਦੁਖੇ ਦੁਖਿ ਨਿਵਾਸੀ ਹੇ॥੧੫॥		Par Nindhaa Karehi Bahu Chinthaa Jaalai Dhukhae Dhukh Nivaasee Hae ||15||	They slander others, and burn in great anxiety; they dwell in pain and suffering. ||15||	(ਮਨ ਦੇ ਮੁਰੀਦ ਮਨੁੱਖ) ਦੂਜਿਆਂ ਦੀ ਨਿੰਦਾ ਕਰਦੇ ਹਨ (ਆਪਣੇ ਅੰਦਰ ਦੀ) ਚਿੰਤਾ ਉਹਨਾਂ ਨੂੰ ਬਹੁਤ ਸਾੜਦੀ ਰਹਿੰਦੀ ਹੈ, ਉਹ ਸਦਾ ਹੀ ਦੁੱਖਾਂ ਵਿਚ ਪਏ ਰਹਿੰਦੇ ਹਨ ॥੧੫॥

44909	1049	ਆਪੇ ਕਰਤੈ ਕਾਰ ਕਰਾਈ॥		Aapae Karathai Kaar Karaaee ||	The Creator Himself has created the creation.	(ਪਰ, ਮਨਮੁਖਾਂ ਦੇ ਭੀ ਕੀਹ ਵੱਸ?) ਕਰਤਾਰ ਨੇ ਆਪ ਹੀ ਉਹਨਾਂ ਪਾਸੋਂ (ਇਹ ਨਿੰਦਾ ਦੀ) ਕਾਰ ਸਦਾ ਕਰਾਈ ਹੈ।
44910	1049	ਆਪੇ ਗੁਰਮੁਖਿ ਦੇਇ ਬੁਝਾਈ॥		Aapae Guramukh Dhaee Bujhaaee ||	He blesses the Gurmukh with understanding.	ਕਰਤਾਰ ਆਪ ਹੀ ਗੁਰੂ ਦੇ ਸਨਮੁਖ ਕਰ ਕੇ ਮਨੁੱਖ ਨੂੰ (ਸਹੀ ਆਤਮਕ ਜੀਵਨ ਦੀ) ਸਮਝ ਬਖ਼ਸਦਾ ਹੈ।
44911	1049	ਨਾਨਕ ਨਾਮਿ ਰਤੇ ਮਨੁ ਨਿਰਮਲੁ ਨਾਮੇ ਨਾਮਿ ਨਿਵਾਸੀ ਹੇ॥੧੬॥੫॥		Naanak Naam Rathae Man Niramal Naamae Naam Nivaasee Hae ||16||5||	O Nanak, those who are attuned to the Naam - their minds become immaculate; they dwell in the Naam, and only the Naam. ||16||5||	ਹੇ ਨਾਨਕ! ਜਿਹੜੇ ਮਨੁੱਖ ਪਰਮਾਤਮਾ ਦੇ ਨਾਮ ਵਿਚ ਰੰਗੇ ਰਹਿੰਦੇ ਹਨ, ਉਹਨਾਂ ਦਾ ਮਨ ਪਵਿੱਤਰ ਹੋ ਜਾਂਦਾ ਹੈ। ਉਹ ਸਦਾ ਪਰਮਾਤਮਾ ਦੇ ਨਾਮ ਵਿਚ ਹੀ ਲੀਨ ਰਹਿੰਦੇ ਹਨ ॥੧੬॥੫॥
44912	1049	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
44913	1049	ਏਕੋ ਸੇਵੀ ਸਦਾ ਥਿਰੁ ਸਾਚਾ॥		Eaeko Saevee Sadhaa Thhir Saachaa ||	I serve the One Lord, who is eternal, stable and True.	ਮੈਂ ਸਿਰਫ਼ ਉਸ ਪਰਮਾਤਮਾ ਦੀ ਹੀ ਸੇਵਾ-ਭਗਤੀ ਕਰਦਾ ਹਾਂ, ਜੋ ਇਕੋ ਹੀ ਸਦਾ ਕਾਇਮ ਰਹਿਣ ਵਾਲਾ ਹੈ।
44914	1049	ਦੂਜੈ ਲਾਗਾ ਸਭੁ ਜਗੁ ਕਾਚਾ॥		Dhoojai Laagaa Sabh Jag Kaachaa ||	Attached to duality, the whole world is false.	ਜਗਤ (ਉਸ ਪ੍ਰਭੂ ਦੀ ਭਗਤੀ ਛੱਡ ਕੇ) ਮਾਇਆ ਦੇ ਮੋਹ ਵਿਚ ਲੱਗਾ ਰਹਿੰਦਾ ਹੈ ਤੇ ਕਮਜ਼ੋਰ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ।

44915	1049	ਗੁਰਮਤੀ ਸਦਾ ਸਚੁ ਸਾਲਾਹੀ ਸਾਚੇ ਹੀ ਸਾਚਿ ਪਤੀਜੈ ਹੇ॥੧॥		Guramathee Sadhaa Sach Saalaahee Saachae Hee Saach Patheejai Hae ||1||	Following the Guru's Teachings, I praise the True Lord forever, pleased with the Truest of the True. ||1||	ਮੈਂ ਗੁਰੂ ਦੀ ਮੱਤ ਦੀ ਬਰਕਤਿ ਨਾਲ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹਾਂ, (ਮੇਰਾ ਮਨ) ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਹੀ ਗਿੱਝਿਆ ਰਹਿੰਦਾ ਹੈ ॥੧॥
44916	1049	ਤੇਰੇ ਗੁਣ ਬਹੁਤੇ ਮੈ ਏਕੁ ਨ ਜਾਤਾ॥		Thaerae Gun Bahuthae Mai Eaek N Jaathaa ||	Your Glorious Virtues are so many, Lord; I do not know even one.	ਹੇ ਪ੍ਰਭੂ! ਤੇਰੇ ਅਨੇਕਾਂ ਹੀ ਗੁਣ (ਉਪਕਾਰ) ਹਨ, ਮੈਂ ਤਾਂ ਤੇਰੇ ਇੱਕ ਉਪਕਾਰ ਨੂੰ ਭੀ ਸਮਝ ਨਹੀਂ ਸਕਿਆ (ਕਦਰ ਨਹੀਂ ਪਾਈ)।
44917	1049	ਆਪੇ ਲਾਇ ਲਏ ਜਗਜੀਵਨੁ ਦਾਤਾ॥		Aapae Laae Leae Jagajeevan Dhaathaa ||	The Life of the world, the Great Giver, attaches us to himself.	ਜਗਤ ਦਾ ਜੀਵਨ ਦਾਤਾਰ ਪ੍ਰਭੂ ਆਪ ਹੀ (ਮਿਹਰ ਕਰ ਕੇ ਜੀਵ ਨੂੰ ਆਪਣੇ ਚਰਨਾਂ ਵਿਚ) ਜੋੜਦਾ ਹੈ।
44918	1049	ਆਪੇ ਬਖਸੇ ਦੇ ਵਡਿਆਈ ਗੁਰਮਤਿ ਇਹੁ ਮਨੁ ਭੀਜੈ ਹੇ॥੨॥		Aapae Bakhasae Dhae Vaddiaaee Guramath Eihu Man Bheejai Hae ||2||	He Himself forgives, and bestows glorious greatness. Following the Guru's Teachings, this mind is delighted. ||2||	ਜਿਸ ਮਨੁੱਖ ਉਤੇ ਆਪ ਹੀ ਬਖ਼ਸ਼ਸ਼ ਕਰਦਾ ਹੈ ਉਸ ਨੂੰ (ਨਾਮ ਦੀ) ਵਡਿਆਈ ਦੇਂਦਾ ਹੈ, ਉਸ ਦਾ ਮਨ ਗੁਰੂ ਦੀ ਸਿੱਖਿਆ ਵਿਚ ਭਿੱਜ ਜਾਂਦਾ ਹੈ ॥੨॥
44919	1049	ਮਾਇਆ ਲਹਰਿ ਸਬਦਿ ਨਿਵਾਰੀ॥	ਲਹ-ਰਿ	Maaeiaa Lehar Sabadh Nivaaree ||	The Word of the Shabad has subdued the waves of Maya.	ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਮਾਇਆ ਦੀ ਲਹਰ ਦੂਰ ਕਰ ਲਈ,
44920	1049	ਇਹੁ ਮਨੁ ਨਿਰਮਲੁ ਹਉਮੈ ਮਾਰੀ॥		Eihu Man Niramal Houmai Maaree ||	Egotism has been conquered, and this mind has become immaculate.	ਹਉਮੈ ਨੂੰ ਮਾਰ ਕੇ ਉਸ ਦਾ ਇਹ ਮਨ ਪਵਿੱਤਰ ਹੋ ਜਾਂਦਾ ਹੈ।

44921	1049	ਸਹਜੇ ਗੁਣ ਗਾਵੈ ਰੰਗਿ ਰਾਤਾ ਰਸਨਾ ਰਾਮੁ ਰਵੀਜੈ ਹੇ॥੩॥		Sehajae Gun Gaavai Rang Raathaa Rasanaa Raam Raveejai Hae ||3||	I intuitively sing His Glorious Praises, imbued with the Lord's Love. My tongue chants and savors the Lord's Name. ||3||	ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਉਸ ਦੀ ਜੀਭ ਪਰਮਾਤਮਾ ਦਾ ਨਾਮ ਜਪਦੀ ਰਹਿੰਦੀ ਹੈ ॥੩॥
44922	1049	ਮੇਰੀ ਮੇਰੀ ਕਰਤ ਵਿਹਾਣੀ॥		Maeree Maeree Karath Vihaanee ||	Crying out, ""Mine, mine!"" he spends his life.	(ਮਨਮੁਖ ਦੀ ਸਾਰੀ ਉਮਰ) 'ਮੇਰੀ ਮਾਇਆ' 'ਮੇਰੀ ਮਾਇਆ' ਕਰਦਿਆਂ ਬੀਤ ਜਾਂਦੀ ਹੈ।
44923	1049	ਮਨਮੁਖਿ ਨ ਬੂਝੈ ਫਿਰੈ ਇਆਣੀ॥		Manamukh N Boojhai Firai Eiaanee ||	The self-willed manmukh does not understand; he wanders around in ignorance.	ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਬੇ-ਸਮਝ ਜੀਵ-ਇਸਤ੍ਰੀ (ਸਹੀ ਜੀਵਨ-ਰਾਹ ਨੂੰ) ਨਹੀਂ ਸਮਝਦੀ, (ਮਾਇਆ ਦੀ ਖ਼ਾਤਰ) ਭਟਕਦੀ ਫਿਰਦੀ ਹੈ।
44924	1049	ਜਮਕਾਲੁ ਘੜੀ ਮੁਹਤੁ ਨਿਹਾਲੇ ਅਨ ਦਿਨੁ ਆਰਜਾ ਛੀਜੈ ਹੇ॥੪॥		Jamakaal Gharree Muhath Nihaalae Anadhin Aarajaa Shheejai Hae ||4||	The Messenger of Death watches over him every moment, every instant; night and day, his life is wasting away. ||4||	ਆਤਮਕ ਮੌਤ ਉਸ ਦੀ ਜ਼ਿੰਦਗੀ ਦੀ ਹਰੇਕ ਘੜੀ ਹਰੇਕ ਪਲ ਨੂੰ ਗਹੁ ਨਾਲ ਤੱਕਦੀ ਰਹਿੰਦੀ ਹੈ (ਭਾਵ, ਅਜਿਹੀ ਜੀਵ-ਇਸਤ੍ਰੀ ਸਦਾ ਆਤਮਕ ਮੌਤੇ ਮਰੀ ਰਹਿੰਦੀ ਹੈ) ਉਸ ਦੀ ਉਮਰ ਇਕ ਇਕ ਦਿਨ ਕਰ ਕੇ (ਵਿਅਰਥ ਹੀ) ਘਟਦੀ ਜਾਂਦੀ ਹੈ ॥੪॥

44925	1049	ਅੰਤਰਿ ਲੋਭੁ ਕਰੈ ਨਹੀ ਬੂਝੈ॥		Anthar Lobh Karai Nehee Boojhai ||	He practices greed within, and does not understand.	ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਆਪਣੇ ਅੰਦਰ ਲੋਭ ਕਰਦੀ ਰਹਿੰਦੀ ਹੈ, ਉਸ ਨੂੰ (ਸਹੀ ਜੀਵਨ-ਰਾਹ) ਨਹੀਂ ਸੁੱਝਦਾ।
44926	1049	ਸਿਰ ਊਪਰਿ ਜਮਕਾਲੁ ਨ ਸੂਝੈ॥		Sir Oopar Jamakaal N Soojhai ||	He does not see the Messenger of Death hovering over his head.	ਉਸ ਦੇ ਸਿਰ ਉਤੇ ਮੌਤ ਖੜੀ ਰਹਿੰਦੀ ਹੈ, ਪਰ ਉਸ ਨੂੰ ਇਸ ਦੀ ਸਮਝ ਨਹੀਂ ਪੈਂਦੀ।
44927	1049	ਐਥੈ ਕਮਾਣਾ ਸੁ ਅਗੈ ਆਇਆ ਅੰਤਕਾਲਿ ਕਿਆ ਕੀਜੈ ਹੇ॥੫॥		Aithhai Kamaanaa S Agai Aaeiaa Anthakaal Kiaa Keejai Hae ||5||	Whatever one does in this world, will come to face him in the hereafter; what can he do at that very last moment? ||5||	ਇਸ ਜੀਵਨ ਵਿਚ ਜੀਵ-ਇਸਤ੍ਰੀ ਜੋ ਕੁਝ ਕਰਮ ਕਮਾਂਦੀ ਹੈ (ਉਸ ਦਾ ਫਲ) ਭੁਗਤਣਾ ਪੈਂਦਾ ਹੈ (ਸਾਰੀ ਉਮਰ ਲੋਭ-ਲਾਲਚ ਵਿਚ ਗਵਾਇਆਂ) ਅੰਤ ਸਮੇ ਕੁਝ ਨਹੀਂ ਕੀਤਾ ਜਾ ਸਕਦਾ ॥੫॥
44928	1049	ਜੋ ਸਚਿ ਲਾਗੇ ਤਿਨ ਸਾਚੀ ਸੋਇ॥		Jo Sach Laagae Thin Saachee Soe ||	Those who are attached to the Truth are true.	ਜਿਹੜੇ ਮਨੁੱਖ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜਦੇ ਹਨ, ਉਹਨਾਂ ਨੂੰ ਸਦਾ ਕਾਇਮ ਰਹਿਣ ਵਾਲੀ ਸੋਭਾ ਮਿਲਦੀ ਹੈ।
44929	1049	ਦੂਜੈ ਲਾਗੇ ਮਨਮੁਖਿ ਰੋਇ॥		Dhoojai Laagae Manamukh Roe ||	The self-willed manmukhs, attached to duality, weep and wail.	ਪਰ ਮਾਇਆ ਦੇ ਮੋਹ ਵਿਚ ਲੱਗ ਕੇ ਮਨ ਦਾ ਮੁਰੀਦ ਜੀਵ ਦੁੱਖੀ ਰਹਿੰਦਾ ਹੈ।

44930	1049	ਦੁਹਾ ਸਿਰਿਆ ਕਾ ਖਸਮੁ ਹੈ ਆਪੇ ਆਪੇ ਗੁਣ ਮਹਿ ਭੀਜੈ ਹੇ॥੬॥		Dhuhaa Siriaa Kaa Khasam Hai Aapae Aapae Gun Mehi Bheejai Hae ||6||	He is the Lord and Master of both worlds; He Himself delights in virtue. ||6||	(ਪਰ ਜੀਵਾਂ ਦੇ ਕੀਹ ਵੱਸ? ਕੋਈ ਨਾਮ ਵਿਚ ਜੁੜਦਾ ਹੈ, ਕੋਈ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ-) ਇਹਨਾਂ ਦੋਹਾਂ ਸਿਰਿਆਂ ਦਾ ਮਾਲਕ ਪਰਮਾਤਮਾ ਆਪ ਹੀ ਹੈ। ਉਹ ਆਪ ਹੀ ਆਪਣੇ ਗੁਣਾਂ ਵਿਚ ਪਤੀਜਦਾ ਹੈ ॥੬॥
44931	1049	ਗੁਰ ਕੈ ਸਬਦਿ ਸਦਾ ਜਨੁ ਸੋਹੈ॥		Gur Kai Sabadh Sadhaa Jan Sohai ||	Through the Word of the Guru's Shabad, His humble servant is exalted forever.	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਆਪਣਾ ਜੀਵਨ ਸੋਹਣਾ ਬਣਾਂਦਾ ਹੈ,
44932	1049	ਨਾਮ ਰਸਾਇਣਿ ਇਹੁ ਮਨੁ ਮੋਹੈ॥		Naam Rasaaein Eihu Man Mohai ||	This mind is enticed by the Naam, the source of nectar.	ਉਸ ਦਾ ਇਹ ਮਨ ਸਭ ਤੋਂ ਸ੍ਰੇਸ਼ਟ ਨਾਮ-ਰਸ ਵਿਚ ਮਸਤ ਰਹਿੰਦਾ ਹੈ,
44933	1049	ਮਾਇਆ ਮੋਹ ਮੈਲੁ ਪਤੰਗੁ ਨ ਲਾਗੈ ਗੁਰਮਤੀ ਹਰਿ ਨਾਮਿ ਭੀਜੈ ਹੇ॥੭॥		Maaeiaa Moh Mail Pathang N Laagai Guramathee Har Naam Bheejai Hae ||7||	It is not stained at all by the dirt of attachment to Maya; through the Guru's Teachings, it is pleased and saturated with the Lord's Name. ||7||	ਉਸ ਨੂੰ ਮਾਇਆ ਦੇ ਮੋਹ ਦੀ ਮੈਲ ਰਤਾ ਭੀ ਨਹੀਂ ਲੱਗਦੀ, ਗੁਰੂ ਦੀ ਮੱਤ ਦੀ ਬਰਕਤਿ ਨਾਲ (ਉਸ ਦਾ ਮਨ) ਪਰਮਾਤਮਾ ਦੇ ਨਾਮ ਵਿਚ ਭਿੱਜਿਆ ਰਹਿੰਦਾ ਹੈ ॥੭॥
44934	1049	ਸਭਨਾ ਵਿਚਿ ਵਰਤੈ ਇਕੁ ਸੋਈ॥		Sabhanaa Vich Varathai Eik Soee ||	The One Lord is contained within all.	ਇਕ ਉਹੀ ਪਰਮਾਤਮਾ ਸਭ ਜੀਵਾਂ ਵਿਚ ਮੌਜੂਦ ਹੈ,

44935	1049	ਗੁਰ ਪਰਸਾਦੀ ਪਰਗਟੁ ਹੋਈ॥		Gur Parasaadhee Paragatt Hoee ||	By Guru's Grace, He is revealed.	ਪਰ ਗੁਰੂ ਦੀ ਕਿਰਪਾ ਨਾਲ ਹੀ ਉਹ (ਕਿਸੇ ਵਡਭਾਗੀ ਦੇ ਹਿਰਦੇ ਵਿਚ) ਪਰਗਟ ਹੁੰਦਾ ਹੈ।
44936	1049	ਹਉਮੈ ਮਾਰਿ ਸਦਾ ਸੁਖੁ ਪਾਇਆ ਨਾਇ ਸਾਚੈ ਅੰਮ੍ਰਿਤੁ ਪੀਜੈ ਹੇ॥੮॥		Houmai Maar Sadhaa Sukh Paaeiaa Naae Saachai Anmrith Peejai Hae ||8||	One who subdues his ego, finds lasting peace; he drinks in the Ambrosial Nectar of the True Name. ||8||	ਉਹ ਮਨੁੱਖ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ ਸਦਾ ਆਤਮਕ ਆਨੰਦ ਮਾਣਦਾ ਹੈ। ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜਿਆਂ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਤਾ ਜਾ ਸਕਦਾ ਹੈ ॥੮॥
44937	1049	ਕਿਲਬਿਖ ਦੂਖ ਨਿਵਾਰਣਹਾਰਾ॥		Kilabikh Dhookh Nivaaranehaaraa ||	God is the Destroyer of sin and pain.	ਜਿਹੜਾ ਪਰਮਾਤਮਾ (ਸਾਰੇ) ਪਾਪ ਅਤੇ ਦੁੱਖ ਦੂਰ ਕਰਨ ਦੇ ਸਮਰੱਥ ਹੈ,
44938	1049	ਗੁਰਮੁਖਿ ਸੇਵਿਆ ਸਬਦਿ ਵੀਚਾਰਾ॥		Guramukh Saeviaa Sabadh Veechaaraa ||	The Gurmukh serves Him, and contemplates the Word of the Shabad.	ਉਸ ਦੀ ਸੇਵਾ-ਭਗਤੀ ਗੁਰੂ ਦੇ ਸਨਮੁਖ ਹੋ ਕੇ ਗੁਰੂ ਦੇ ਸ਼ਬਦ ਵਿਚ ਸੁਰਤ ਜੋੜ ਕੇ ਹੀ ਕੀਤੀ ਜਾ ਸਕਦੀ ਹੈ।
44939	1049	ਸਭੁ ਕਿਛੁ ਆਪੇ ਆਪਿ ਵਰਤੈ ਗੁਰਮੁਖਿ ਤਨੁ ਮਨੁ ਭੀਜੈ ਹੇ॥੯॥		Sabh Kishh Aapae Aap Varathai Guramukh Than Man Bheejai Hae ||9||	He Himself is pervading everything. The Gurmukh's body and mind are saturated and pleased. ||9||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਾ ਤਨ ਅਤੇ ਮਨ (ਪਰਮਾਤਮਾ ਦੀ ਭਗਤੀ ਵਿਚ) ਰਸਿਆ ਰਹਿੰਦਾ ਹੈ। (ਗੁਰਮੁਖ ਮਨੁੱਖ ਨੂੰ ਹੀ ਇਹ ਨਿਸਚਾ ਆਉਂਦਾ ਹੈ ਕਿ) ਪਰਮਾਤਮਾ ਸਭ ਕੁਝ ਆਪ ਹੀ ਕਰ ਰਿਹਾ ਹੈ; ਹਰ ਥਾਂ ਆਪ ਹੀ ਮੌਜੂਦ ਹੈ ॥੯॥

44940	1049	ਮਾਇਆ ਅਗਨਿ ਜਲੈ ਸੰਸਾਰੇ॥		Maaeiaa Agan Jalai Sansaarae ||	The world is burning in the fire of Maya.	ਮਾਇਆ (ਦੀ ਤ੍ਰਿਸ਼ਨਾ) ਦੀ ਅੱਗ ਜਗਤ ਵਿਚ ਭੜਕ ਰਹੀ ਹੈ,
44941	1049	ਗੁਰਮੁਖਿ ਨਿਵਾਰੈ ਸਬਦਿ ਵੀਚਾਰੇ॥		Guramukh Nivaarai Sabadh Veechaarae ||	The Gurmukh extinguishes this fire, by contemplating the Shabad.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਗੁਰੂ ਦੇ ਸ਼ਬਦ ਵਿਚ ਸੁਰਤ ਜੋੜ ਕੇ (ਇਸ ਤ੍ਰਿਸ਼ਨਾ-ਅੱਗ ਨੂੰ ਆਪਣੇ ਅੰਦਰੋਂ) ਦੂਰ ਕਰ ਲੈਂਦਾ ਹੈ।
44942	1049	ਅੰਤਰਿ ਸਾਂਤਿ ਸਦਾ ਸੁਖੁ ਪਾਇਆ ਗੁਰਮਤੀ ਨਾਮੁ ਲੀਜੈ ਹੇ॥੧੦॥		Anthar Saanth Sadhaa Sukh Paaeiaa Guramathee Naam Leejai Hae ||10||	Deep within are peace and tranquility, and lasting peace is obtained. Following the Guru's Teachings, one is blessed with the Naam, the Name of the Lord. ||10||	ਉਸ ਦੇ ਅੰਦਰ ਸਦਾ ਠੰਢ ਬਣੀ ਰਹਿੰਦੀ ਹੈ, ਉਹ ਆਤਮਕ ਆਨੰਦ ਮਾਣਦਾ ਹੈ। ਗੁਰੂ ਦੀ ਮੱਤ ਉੱਤੇ ਤੁਰਿਆਂ ਹੀ ਪਰਮਾਤਮਾ ਦਾ ਨਾਮ ਸਿਮਰਿਆ ਜਾ ਸਕਦਾ ਹੈ ॥੧੦॥
44943	1049	ਇੰਦ੍ਰ ਇੰਦ੍ਰਾਸਣਿ ਬੈਠੇ ਜਮ ਕਾ ਭਉ ਪਾਵਹਿ॥		Eindhr Eindhraasan Baithae Jam Kaa Bho Paavehi ||	Even Indra, seated upon his throne, is caught in the fear of death.	(ਲੋਕਾਂ ਦੇ ਮਿਥੇ ਹੋਏ ਦੇਵਤਿਆਂ ਦੇ ਰਾਜੇ) ਇੰਦਰ ਵਰਗੇ ਭੀ ਆਪਣੇ ਤਖ਼ਤ ਉੱਤੇ ਬੈਠੇ ਹੋਏ (ਇਸ ਤ੍ਰਿਸ਼ਨਾ ਦੀ ਅੱਗ ਦੇ ਕਾਰਨ) ਆਤਮਕ ਮੌਤ ਦਾ ਸਹਮ ਸਹਾਰ ਰਹੇ ਹਨ।

44944	1049	ਜਮੁ ਨ ਛੋਡੈ ਬਹੁ ਕਰਮ ਕਮਾਵਹਿ॥		Jam N Shhoddai Bahu Karam Kamaavehi ||	The Messenger of Death will not spare them, even though they try all sorts of things.	(ਜਿਹੜੇ ਲੋਕ ਨਾਮ ਨਹੀਂ ਸਿਮਰਦੇ, ਪਰ ਹੋਰ ਹੋਰ ਮਿਥੇ ਹੋਏ ਅਨੇਕਾਂ ਧਾਰਮਿਕ) ਕਰਮ ਕਰਦੇ ਹਨ, ਆਤਮਕ ਮੌਤ (ਉਹਨਾਂ ਨੂੰ ਭੀ) ਨਹੀਂ ਛੱਡਦੀ।
44945	1049	ਸਤਿਗੁਰੁ ਭੇਟੈ ਤਾ ਮੁਕਤਿ ਪਾਈਐ ਹਰਿ ਹਰਿ ਰਸਨਾ ਪੀਜੈ ਹੇ॥੧੧॥		Sathigur Bhaettai Thaa Mukath Paaeeai Har Har Rasanaa Peejai Hae ||11||	When one meets with the True Guru, one is liberated, drinking in and savoring the sublime essence of the Lord, Har, Har. ||11||	ਜਦੋਂ (ਮਨੁੱਖ ਨੂੰ) ਗੁਰੂ ਮਿਲਦਾ ਹੈ, ਤਦੋਂ (ਇਸ ਆਤਮਕ ਮੌਤ ਤੋਂ) ਖ਼ਲਾਸੀ ਮਿਲਦੀ ਹੈ। (ਗੁਰੂ ਦੀ ਰਾਹੀਂ ਹੀ) ਜੀਭ ਨਾਲ ਹਰਿ-ਨਾਮ-ਰਸ ਪੀਤਾ ਜਾ ਸਕਦਾ ਹੈ ॥੧੧॥
44946	1049	ਮਨਮੁਖਿ ਅੰਤਰਿ ਭਗਤਿ ਨ ਹੋਈ॥		Manamukh Anthar Bhagath N Hoee ||	There is no devotion within the self-willed manmukh.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦੀ ਭਗਤੀ ਪੈਦਾ ਨਹੀਂ ਹੋ ਸਕਦੀ।
44947	1049	ਗੁਰਮੁਖਿ ਭਗਤਿ ਸਾਂਤਿ ਸੁਖੁ ਹੋਈ॥		Guramukh Bhagath Saanth Sukh Hoee ||	Through devotional worship, the Gurmukh obtains peace and tranquility.	ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਸ ਦੇ ਅੰਦਰ ਪਰਮਾਤਮਾ ਦੀ ਯਾਦ ਹੈ, ਉਸ ਦੇ ਅੰਦਰ ਠੰਢ ਹੈ, ਉਸ ਦੇ ਅੰਦਰ ਆਤਮਕ ਆਨੰਦ ਹੈ।

44948	1049	ਪਵਿਤ੍ਰ ਪਾਵਨ ਸਦਾ ਹੈ ਬਾਣੀ ਗੁਰਮਤਿ ਅੰਤਰੁ ਭੀਜੈ ਹੇ॥੧੨॥		Pavithr Paavan Sadhaa Hai Baanee Guramath Anthar Bheejai Hae ||12||	Forever pure and sanctified is the Word of the Guru's Bani; following the Guru's Teachings, one's inner being is drenched in it. ||12||	ਗੁਰੂ ਦੀ ਬਾਣੀ ਸਦਾ ਮਨੁੱਖ ਦੇ ਮਨ ਨੂੰ ਪਵਿੱਤਰ ਕਰਨ ਦੇ ਸਮਰੱਥ ਹੈ। ਗੁਰੂ ਦੀ ਮੱਤ ਉਤੇ ਤੁਰਿਆਂ ਹੀ ਹਿਰਦਾ ਪਤੀਜਦਾ ਹੈ ॥੧੨॥
44949	1049	ਬ੍ਰਹਮਾ ਬਿਸਨੁ ਮਹੇਸੁ ਵੀਚਾਰੀ॥		Brehamaa Bisan Mehaes Veechaaree ||	I have considered Brahma, Vishnu and Shiva.	ਵਿਚਾਰ ਕੇ ਵੇਖ ਲਵੋ-ਬ੍ਰਹਮਾ ਹੋਵੇ, ਵਿਸ਼ਨੂ ਹੋਵੇ, ਸ਼ਿਵ ਹੋਵੇ-
44950	1049	ਤ੍ਰੈ ਗੁਣ ਬਧਕ ਮੁਕਤਿ ਨਿਰਾਰੀ॥		Thrai Gun Badhhak Mukath Niraaree ||	They are bound by the three qualities - the three gunas; they are far away from liberation.	(ਕੋਈ ਭੀ ਹੋਵੇ, ਜਿਹੜੇ ਪ੍ਰਾਣੀ) ਮਾਇਆ ਦੇ ਤਿੰਨ ਗੁਣਾਂ ਵਿਚ ਬੱਝੇ ਪਏ ਹਨ (ਆਤਮਕ ਮੌਤ ਤੋਂ) ਖ਼ਲਾਸੀ (ਉਹਨਾਂ ਤੋਂ) ਲਾਂਭੇ ਰਹਿ ਜਾਂਦੀ ਹੈ।
44951	1050	ਗੁਰਮੁਖਿ ਗਿਆਨੁ ਏਕੋ ਹੈ ਜਾਤਾ ਅਨ ਦਿਨੁ ਨਾਮੁ ਰਵੀਜੈ ਹੇ॥੧੩॥		Guramukh Giaan Eaeko Hai Jaathaa Anadhin Naam Raveejai Hae ||13||	The Gurmukh knows the spiritual wisdom of the One Lord. Night and day, he chants the Naam, the Name of the Lord. ||13||	ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹ ਸਿਰਫ਼ ਇਹੀ ਆਤਮਕ ਜੀਵਨ ਦੀ ਸੂਝ ਹਾਸਲ ਕਰਦਾ ਹੈ ਕਿ ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ ॥੧੩॥
44952	1050	ਬੇਦ ਪੜਹਿ ਹਰਿ ਨਾਮੁ ਨ ਬੂਝਹਿ॥		Baedh Parrehi Har Naam N Boojhehi ||	He may read the Vedas, but he does not realize the Lord's Name.	(ਪੰਡਿਤ ਲੋਕ) ਵੇਦ (ਆਦਿਕ ਧਰਮ-ਪੁਸਤਕ) ਪੜ੍ਹਦੇ ਹਨ, (ਪਰ ਜੇ ਉਹ) ਪਰਮਾਤਮਾ ਦੇ ਨਾਮ ਨੂੰ (ਜੀਵਨ-ਮਨੋਰਥ) ਨਹੀਂ ਸਮਝਦੇ,

44953	1050	ਮਾਇਆ ਕਾਰਣਿ ਪੜਿ ਪੜਿ ਲੂਝਹਿ॥		Maaeiaa Kaaran Parr Parr Loojhehi ||	For the sake of Maya, he reads and recites and argues.	ਤਾਂ ਉਹ ਮਾਇਆ (ਕਮਾਣ) ਵਾਸਤੇ ਹੀ (ਵੇਦ ਆਦਿਕ ਧਰਮ-ਪੁਸਤਕਾਂ ਨੂੰ) ਪੜ੍ਹ ਪੜ੍ਹ ਕੇ (ਮਾਇਆ ਦੇ ਘੱਟ ਚੜ੍ਹਾਵੇ ਤੇ ਅੰਦਰੇ ਅੰਦਰ) ਖਿੱਝਦੇ ਹਨ।
44954	1050	ਅੰਤਰਿ ਮੈਲੁ ਅਗਿਆਨੀ ਅੰਧਾ ਕਿਉ ਕਰਿ ਦੁਤਰੁ ਤਰੀਜੈ ਹੇ॥੧੪॥	ਦੁੱਤ-ਰੁ	Anthar Mail Agiaanee Andhhaa Kio Kar Dhuthar Thareejai Hae ||14||	The ignorant and blind person is filled with filth within. How can he cross over the impassable world-ocean? ||14||	ਜਿਸ ਮਨੁੱਖ ਦੇ ਅੰਦਰ (ਮਾਇਆ ਦੇ ਮੋਹ ਦੀ) ਮੈਲ ਹੈ (ਉਹ ਵੇਦ-ਪਾਠੀ ਪੰਡਿਤ ਭੀ ਹੋਵੇ, ਤਾਂ ਭੀ) ਉਹ ਅੰਨ੍ਹਾ ਬੇ-ਸਮਝ ਹੈ, ਇਸ ਤਰ੍ਹਾਂ ਇਹ ਦੁੱਤਰ ਸੰਸਾਰ-ਸਮੁੰਦਰ ਤਰਿਆ ਨਹੀਂ ਜਾ ਸਕਦਾ ॥੧੪॥
44955	1050	ਬੇਦ ਬਾਦ ਸਭਿ ਆਖਿ ਵਖਾਣਹਿ॥		Baedh Baadh Sabh Aakh Vakhaanehi ||	He voices all the controversies of the Vedas,	ਸਾਰੇ (ਪੰਡਿਤ ਲੋਕ) ਵੇਦ (ਆਦਿਕ ਧਰਮ-ਪੁਸਤਕਾਂ) ਦੀਆਂ ਚਰਚਾ ਉਚਾਰ ਕੇ (ਹੋਰਨਾਂ ਦੇ ਸਾਹਮਣੇ) ਵਿਆਖਿਆ ਕਰਦੇ ਹਨ,
44956	1050	ਨ ਅੰਤਰੁ ਭੀਜੈ ਨ ਸਬਦੁ ਪਛਾਣਹਿ॥		N Anthar Bheejai N Sabadh Pashhaanehi ||	But his inner being is not saturated or satisfied, and he does not realize the Word of the Shabad.	(ਇਸ ਤਰ੍ਹਾਂ) ਨਾਹ (ਉਹਨਾਂ ਦਾ ਆਪਣਾ) ਹਿਰਦਾ ਭਿੱਜਦਾ ਹੈ, ਨਾਹ ਉਹ ਸਿਫ਼ਤ-ਸਾਲਾਹ ਦੀ ਬਾਣੀ ਦੀ ਕਦਰ ਸਮਝਦੇ ਹਨ।

44957	1050	ਪੁੰਨੁ ਪਾਪੁ ਸਭੁ ਬੇਦਿ ਦ੍ਰਿੜਾਇਆ ਗੁਰਮੁਖਿ ਅੰਮ੍ਰਿਤੁ ਪੀਜੈ ਹੇ॥੧੫॥		Punn Paap Sabh Baedh Dhrirraaeiaa Guramukh Anmrith Peejai Hae ||15||	The Vedas tell all about virtue and vice, but only the Gurmukh drinks in the Ambrosial Nectar. ||15||	ਵੇਦ ਨੇ ਤਾਂ ਮੁੜ ਮੁੜ ਇਸ ਗੱਲ ਵਲ ਧਿਆਨ ਦਿਵਾਇਆ ਹੈ ਕਿ ਕਿਹੜਾ ਪੁੰਨ-ਕਰਮ ਹੈ ਤੇ ਕਿਹੜਾ ਪਾਪ-ਕਰਮ ਹੈ। ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਤਾਂ ਗੁਰੂ ਦੀ ਸਰਨ ਪਿਆਂ ਹੀ ਪੀਤਾ ਜਾ ਸਕਦਾ ਹੈ ॥੧੫॥
44958	1050	ਆਪੇ ਸਾਚਾ ਏਕੋ ਸੋਈ॥		Aapae Saachaa Eaeko Soee ||	The One True Lord is all by Himself.	(ਆਪਣੇ ਵਰਗਾ) ਸਿਰਫ਼ ਉਹ ਪਰਮਾਤਮਾ ਆਪ ਹੀ ਹੈ ਜੋ ਸਦਾ ਕਾਇਮ ਰਹਿਣ ਵਾਲਾ ਹੈ,
44959	1050	ਤਿਸੁ ਬਿਨੁ ਦੂਜਾ ਅਵਰੁ ਨ ਕੋਈ॥		This Bin Dhoojaa Avar N Koee ||	There is no one else except Him.	ਉਸ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ ਹੈ।
44960	1050	ਨਾਨਕ ਨਾਮਿ ਰਤੇ ਮਨੁ ਸਾਚਾ ਸਚੋ ਸਚੁ ਰਵੀਜੈ ਹੇ॥੧੬॥੬॥		Naanak Naam Rathae Man Saachaa Sacho Sach Raveejai Hae ||16||6||	O Nanak, true is the mind of one who is attuned to the Naam; he speaks Truth, and nothing but Truth. ||16||6||	ਹੇ ਨਾਨਕ! ਜਿਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਗਏ ਹਨ, ਉਹਨਾਂ ਦਾ ਮਨ ਅਡੋਲ ਹੋ ਜਾਂਦਾ ਹੈ। (ਇਸ ਵਾਸਤੇ, ਹੇ ਭਾਈ!) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਹੀ ਸਿਮਰਨਾ ਚਾਹੀਦਾ ਹੈ ॥੧੬॥੬॥
44961	1050	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	

44962	1050	ਸਚੈ ਸਚਾ ਤਖਤੁ ਰਚਾਇਆ॥		Sachai Sachaa Thakhath Rachaaeiaa ||	The True Lord has established the Throne of Truth.	ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੇ (ਆਪਣੇ 'ਨਿਜ ਘਰ' ਵਿਚ ਬੈਠਣ ਵਾਸਤੇ) ਸਦਾ ਕਾਇਮ ਰਹਿਣ ਵਾਲਾ ਤਖ਼ਤ ਬਣਾ ਰੱਖਿਆ ਹੈ,
44963	1050	ਨਿਜ ਘਰਿ ਵਸਿਆ ਤਿਥੈ ਮੋਹੁ ਨ ਮਾਇਆ॥		Nij Ghar Vasiaa Thithhai Mohu N Maaeiaa ||	He dwells in His own home deep within the self, where there is no emotional attachment to Maya.	ਉਸ ਸ੍ਵੈ-ਸਰੂਪ ਵਿਚ ਉਹ ਅਡੋਲ ਬੈਠਾ ਹੈ, ਉਥੇ ਮਾਇਆ ਦਾ ਮੋਹ ਅਸਰ ਨਹੀਂ ਕਰ ਸਕਦਾ।
44964	1050	ਸਦ ਹੀ ਸਾਚੁ ਵਸਿਆ ਘਟ ਅੰਤਰਿ ਗੁਰਮੁਖਿ ਕਰਣੀ ਸਾਰੀ ਹੇ॥੧॥		Sadh Hee Saach Vasiaa Ghatt Anthar Guramukh Karanee Saaree Hae ||1||	The True Lord dwells deep within the nucleus of the Gurmukh's heart forever; his actions are excellent. ||1||	ਗੁਰੂ ਦੀ ਸਰਨ ਪੈ ਕੇ ਜਿਹੜਾ ਮਨੁੱਖ (ਹਰਿ-ਨਾਮ ਜਪਣ ਦਾ) ਸ੍ਰੇਸ਼ਟ ਕਰਨ-ਜੋਗ ਕੰਮ ਕਰਦਾ ਹੈ, ਉਸ ਦੇ ਹਿਰਦੇ ਵਿਚ ਉਹ ਸਦਾ-ਥਿਰ ਪ੍ਰਭੂ ਸਦਾ ਵੱਸਦਾ ਹੈ ॥੧॥
44965	1050	ਸਚਾ ਸਉਦਾ ਸਚੁ ਵਾਪਾਰਾ॥		Sachaa Soudhaa Sach Vaapaaraa ||	True is his merchandise, and true is his trade.	ਨਾਮ-ਧਨ ਖੱਟਣਾ ਹੀ ਸਦਾ-ਥਿਰ ਸੌਦਾ ਹੈ ਸਦਾ-ਥਿਰ ਵਪਾਰ ਹੈ,
44966	1050	ਨ ਤਿਥੈ ਭਰਮੁ ਨ ਦੂਜਾ ਪਸਾਰਾ॥		N Thithhai Bharam N Dhoojaa Pasaaraa ||	There is no doubt within him, and no expanse of duality.	ਉਸ ਸੌਦੇ-ਵਪਾਰ ਵਿਚ ਕੋਈ ਭਟਕਣਾ ਨਹੀਂ, ਕੋਈ ਮਾਇਆ ਦਾ ਖਲ-ਜਗਨ ਨਹੀਂ।

44967	1050	ਸਚਾ ਧਨੁ ਖਟਿਆ ਕਦੇ ਤੋਟਿ ਨ ਆਵੈ ਬੂਝੈ ਕੋ ਵੀਚਾਰੀ ਹੇ॥੨॥		Sachaa Dhhan Khattiaa Kadhae Thott N Aavai Boojhai Ko Veechaaree Hae ||2||	He has earned the true wealth, which is never exhausted. How few are those who contemplate this, and understand. ||2||	ਇਹ ਸਦਾ-ਥਿਰ ਨਾਮ-ਧਨ ਖੱਟਿਆਂ ਕਦੇ ਘਾਟਾ ਨਹੀਂ ਪੈਂਦਾ। ਪਰ ਇਸ ਗੱਲ ਨੂੰ ਕੋਈ ਵਿਰਲਾ ਵਿਚਾਰਵਾਨ ਹੀ ਸਮਝਦਾ ਹੈ ॥੨॥
44968	1050	ਸਚੈ ਲਾਏ ਸੇ ਜਨ ਲਾਗੇ॥		Sachai Laaeae Sae Jan Laagae ||	They alone are attached to the True Name, whom the Lord Himself attaches.	(ਇਸ ਨਾਮ-ਧਨ ਦੇ ਵਪਾਰ ਵਿਚ) ਉਹੀ ਮਨੁੱਖ ਲੱਗਦੇ ਹਨ, ਜਿਨ੍ਹਾਂ ਨੂੰ ਸਦਾ-ਥਿਰ ਪਰਮਾਤਮਾ ਨੇ ਆਪ ਲਾਇਆ ਹੈ।
44969	1050	ਅੰਤਰਿ ਸਬਦੁ ਮਸਤਕਿ ਵਡਭਾਗੇ॥		Anthar Sabadh Masathak Vaddabhaagae ||	The Word of the Shabad is deep within the nucleus of the self; good fortune is recorded upon their foreheads.	ਉਹਨਾਂ ਦੇ ਹਿਰਦੇ ਵਿਚ ਗੁਰੂ ਦਾ ਸ਼ਬਦ ਵੱਸਦਾ ਹੈ, ਉਹਨਾਂ ਦੇ ਮੱਥੇ ਉੱਤੇ ਚੰਗੇ ਭਾਗ ਜਾਗ ਪੈਂਦੇ ਹਨ।
44970	1050	ਸਚੈ ਸਬਦਿ ਸਦਾ ਗੁਣ ਗਾਵਹਿ ਸਬਦਿ ਰਤੇ ਵੀਚਾਰੀ ਹੇ॥੩॥		Sachai Sabadh Sadhaa Gun Gaavehi Sabadh Rathae Veechaaree Hae ||3||	Through the True Word of the Shabad, they sing the True Praises of the Lord; they are attuned to contemplative meditation on the Shabad. ||3||	ਉਹ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਦੀ ਰਾਹੀਂ ਸਦਾ ਹਰਿ-ਗੁਣ ਗਾਂਦੇ ਰਹਿੰਦੇ ਹਨ, ਉਹ ਮਨੁੱਖ ਗੁਰ-ਸ਼ਬਦ (ਦੇ ਰੰਗ) ਵਿਚ ਰੰਗੇ ਰਹਿੰਦੇ ਹਨ, ਉਹ ਉੱਚੀ ਵੀਚਾਰ ਦੇ ਮਾਲਕ ਬਣ ਜਾਂਦੇ ਹਨ ॥੩॥

44971	1050	ਸਚੋ ਸਚਾ ਸਚੁ ਸਾਲਾਹੀ॥		Sacho Sachaa Sach Saalaahee ||	I praise the True Lord, the Truest of the True.	ਮੈਂ ਤਾਂ ਸਦਾ ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਹੀ ਸਿਫ਼ਤ-ਸਾਲਾਹ ਕਰਦਾ ਹਾਂ।
44972	1050	ਏਕੋ ਵੇਖਾ ਦੂਜਾ ਨਾਹੀ॥		Eaeko Vaekhaa Dhoojaa Naahee ||	I see the One Lord, and no other.	ਮੈਂ ਤਾਂ (ਹਰ ਥਾਂ) ਸਿਰਫ਼ ਉਸ ਪਰਮਾਤਮਾ ਨੂੰ ਹੀ ਵੇਖਦਾ ਹਾਂ, (ਮੈਨੂੰ ਉਸ ਤੋਂ ਬਿਨਾ) ਕੋਈ ਹੋਰ ਨਹੀਂ (ਦਿੱਸਦਾ)।
44973	1050	ਗੁਰਮਤਿ ਊਚੋ ਊਚੀ ਪਉੜੀ ਗਿਆਨਿ ਰਤਨਿ ਹਉਮੈ ਮਾਰੀ ਹੇ॥੪॥		Guramath Oocho Oochee Pourree Giaan Rathan Houmai Maaree Hae ||4||	The Guru's Teachings are the ladder to reach the highest of the high. the jewel of spiritual wisdom conquers egotism. ||4||	ਗੁਰੂ ਦੀ ਮੱਤ ਉਤੇ ਤੁਰ ਕੇ (ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ-ਇਹ ਹੀ ਪਰਮਾਤਮਾ ਦੇ ਚਰਨਾਂ ਤਕ ਪਹੁੰਚਣ ਲਈ) ਸਭ ਤੋਂ ਉੱਚੀ ਪੌੜੀ ਹੈ। ਇਸ ਸ੍ਰੇਸ਼ਟ ਗਿਆਨ ਦੀ ਬਰਕਤਿ ਨਾਲ ਮਨੁੱਖ (ਆਪਣੇ ਅੰਦਰੋਂ) ਹਉਮੈ ਮਾਰ ਮੁਕਾਂਦਾ ਹੈ ॥੪॥
44974	1050	ਮਾਇਆ ਮੋਹੁ ਸਬਦਿ ਜਲਾਇਆ॥		Maaeiaa Mohu Sabadh Jalaaeiaa ||	Emotional attachment to Maya is burnt away by the Word of the Shabad.	ਹੇ ਪ੍ਰਭੂ! ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਆਪਣੇ ਅੰਦਰੋਂ) ਮਾਇਆ ਦਾ ਮੋਹ ਸਾੜ ਦਿੱਤਾ,
44975	1050	ਸਚੁ ਮਨਿ ਵਸਿਆ ਜਾ ਤੁਧੁ ਭਾਇਆ॥		Sach Man Vasiaa Jaa Thudhh Bhaaeiaa ||	The True One comes to dwell in the mind, when it pleases You, O Lord.	ਜਦੋਂ ਉਹ ਮਨੁੱਖ ਤੈਨੂੰ ਚੰਗਾ ਲੱਗ ਪਿਆ ਤਦੋਂ ਤੇਰਾ ਸਦਾ-ਥਿਰ ਨਾਮ ਉਸ ਦੇ ਮਨ ਵਿਚ ਵੱਸ ਪਿਆ।

44976	1050	ਸਚੇ ਕੀ ਸਭ ਸਚੀ ਕਰਣੀ ਹਉਮੈ ਤਿਖਾ ਨਿਵਾਰੀ ਹੇ॥੫॥		Sachae Kee Sabh Sachee Karanee Houmai Thikhaa Nivaaree Hae ||5||	True are all the actions of the truthful; the thirst of egotism is subdued. ||5||	ਜਿਸ ਮਨੁੱਖ ਨੇ (ਆਪਣੇ ਅੰਦਰੋਂ) ਹਉਮੈ ਦੂਰ ਕਰ ਲਈ, ਮਾਇਆ ਦੀ ਤ੍ਰਿਸ਼ਨਾ ਦੂਰ ਕਰ ਲਈ, ਉਸ ਨੂੰ ਅਭੁੱਲ ਪਰਮਾਤਮਾ ਦੀ ਸਾਰੀ ਕਾਰ ਅਭੁੱਲ ਜਾਪਣ ਲੱਗ ਪਈ ॥੫॥
44977	1050	ਮਾਇਆ ਮੋਹੁ ਸਭੁ ਆਪੇ ਕੀਨਾ॥		Maaeiaa Mohu Sabh Aapae Keenaa ||	All by Himself, God created emotional attachment to Maya.	ਮਾਇਆ ਦਾ ਸਾਰਾ ਮੋਹ ਪਰਮਾਤਮਾ ਨੇ ਆਪ ਹੀ ਪੈਦਾ ਕੀਤਾ ਹੈ,
44978	1050	ਗੁਰਮੁਖਿ ਵਿਰਲੈ ਕਿਨਹੀ ਚੀਨਾ॥		Guramukh Viralai Kin Hee Cheenaa ||	How rare are those who, as Gurmukh, realize the Lord.	ਪਰ ਇਹ ਗੱਲ ਕਿਸੇ ਉਸ ਵਿਰਲੇ ਨੇ ਹੀ ਪਛਾਣੀ ਹੈ ਜੋ ਗੁਰੂ ਦੇ ਸਨਮੁਖ ਰਹਿੰਦਾ ਹੈ।
44979	1050	ਗੁਰਮੁਖਿ ਹੋਵੈ ਸੁ ਸਚੁ ਕਮਾਵੈ ਸਾਚੀ ਕਰਣੀ ਸਾਰੀ ਹੇ॥੬॥		Guramukh Hovai S Sach Kamaavai Saachee Karanee Saaree Hae ||6||	One who becomes Gurmukh practices Truth; true and excellent are his actions. ||6||	ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਜਾਂਦਾ ਹੈ, ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਨਾਮ ਸਿਮਰਨ ਦੀ ਕਮਾਈ ਕਰਦਾ ਹੈ, ਉਸ ਨੂੰ ਨਾਮ ਸਿਮਰਨ ਵਾਲੀ ਕਾਰ ਹੀ ਸ੍ਰੇਸ਼ਟ ਲੱਗਦੀ ਹੈ ॥੬॥
44980	1050	ਕਾਰ ਕਮਾਈ ਜੋ ਮੇਰੇ ਪ੍ਰਭ ਭਾਈ॥		Kaar Kamaaee Jo Maerae Prabh Bhaaee ||	He does those deeds which are pleasing to my God;	ਜਿਸ ਮਨੁੱਖ ਨੇ ਉਹ ਕਾਰ ਕਰਨੀ ਸ਼ੁਰੂ ਕਰ ਦਿੱਤੀ ਜੋ ਮੇਰੇ ਪ੍ਰਭੂ ਨੂੰ ਪਸੰਦ ਆਉਂਦੀ ਹੈ (ਜਿਸ ਮਨੁੱਖ ਨੇ ਪ੍ਰਭੂ ਦੀ ਰਜ਼ਾ ਵਿਚ ਤੁਰਨਾ ਸ਼ੁਰੂ ਕਰ ਦਿੱਤਾ),
44981	1050	ਹਉਮੈ ਤ੍ਰਿਸਨਾ ਸਬਦਿ ਬੁਝਾਈ॥	ਬੁਝਾਈ	Houmai Thrisanaa Sabadh Bujhaaee ||	Through the Shabad, he burns away egotism and the thirst of desire.	ਜਿਸ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਹਉਮੈ ਦੂਰ ਕਰ ਲਈ, ਮਾਇਆ ਦੀ ਤ੍ਰਿਸ਼ਨਾ ਮਿਟਾ ਦਿੱਤੀ,

44982	1050	ਗੁਰਮਤਿ ਸਦ ਹੀ ਅੰਤਰੁ ਸੀਤਲੁ ਹਉਮੈ ਮਾਰਿ ਨਿਵਾਰੀ ਹੇ॥੭॥		Guramath Sadh Hee Anthar Seethal Houmai Maar Nivaaree Hae ||7||	Following the Guru's Teachings, he remains forever cool and calm deep within; he conquers and subdues his ego. ||7||	ਜਿਸ ਨੇ ਹਉਮੈ ਮਾਰ ਕੇ ਮੁਕਾ ਦਿੱਤੀ, ਗੁਰੂ ਦੀ ਮੱਤ ਉੱਤੇ ਤੁਰ ਕੇ ਉਸ ਦਾ ਹਿਰਦਾ ਸਦਾ ਹੀ ਸ਼ਾਂਤ ਰਹਿੰਦਾ ਹੈ ॥੭॥
44983	1050	ਸਚਿ ਲਗੇ ਤਿਨ ਸਭੁ ਕਿਛੁ ਭਾਵੈ॥		Sach Lagae Thin Sabh Kishh Bhaavai ||	Those who are attached to the Truth are pleased with everything.	ਜਿਹੜੇ ਮਨੁੱਖ ਸਦਾ-ਥਿਰ ਹਰਿ-ਨਾਮ ਵਿਚ ਜੁੜਦੇ ਹਨ, ਉਹਨਾਂ ਨੂੰ ਪਰਮਾਤਮਾ ਦਾ ਕੀਤਾ ਹੋਇਆ ਹਰੇਕ ਕੰਮ ਭਲਾ ਜਾਪਦਾ ਹੈ।
44984	1050	ਸਚੈ ਸਬਦੇ ਸਚਿ ਸੁਹਾਵੈ॥		Sachai Sabadhae Sach Suhaavai ||	They are embellished with the True Word of the Shabad.	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ ਸਦਾ-ਥਿਰ ਪ੍ਰਭੂ ਵਿਚ ਟਿਕ ਕੇ ਮਨੁੱਖ ਆਪਣਾ ਜੀਵਨ ਸੋਹਣਾ ਬਣਾ ਲੈਂਦਾ ਹੈ।
44985	1050	ਐਥੈ ਸਾਚੇ ਸੇ ਦਰਿ ਸਾਚੇ ਨਦਰੀ ਨਦਰਿ ਸਵਾਰੀ ਹੇ॥੮॥		Aithhai Saachae Sae Dhar Saachae Nadharee Nadhar Savaaree Hae ||8||	Those who are true in this world, are true in the Court of the Lord. The Merciful Lord adorns them with His Mercy. ||8||	(ਸਿਮਰਨ ਦੀ ਬਰਕਤਿ ਨਾਲ ਜਿਹੜੇ ਮਨੁੱਖ) ਇਸ ਲੋਕ ਵਿਚ ਸੁਰਖ਼ਰੂ ਹੋ ਜਾਂਦੇ ਹਨ, ਉਹ ਮਨੁੱਖ ਪ੍ਰਭੂ ਦੀ ਹਜ਼ੂਰੀ ਵਿਚ ਭੀ ਸੁਰਖ਼ਰੂ ਹੋ ਜਾਂਦੇ ਹਨ। ਮਿਹਰ ਦੀ ਨਿਗਾਹ ਵਾਲੇ ਪਰਮਾਤਮਾ ਦੀ ਮਿਹਰ ਦੀ ਨਜ਼ਰ ਉਹਨਾਂ ਦਾ ਜੀਵਨ ਸੰਵਾਰ ਦੇਂਦੀ ਹੈ ॥੮॥

44986	1050	ਬਿਨੁ ਸਾਚੇ ਜੋ ਦੂਜੈ ਲਾਇਆ॥		Bin Saachae Jo Dhoojai Laaeiaa ||	Those who are attached to duality, and not the Truth,	ਸਦਾ-ਥਿਰ ਪ੍ਰਭੂ (ਦੇ ਨਾਮ) ਤੋਂ ਖੁੰਝ ਕੇ ਜਿਹੜਾ ਮਨੁੱਖ ਮਾਇਆ ਦੇ ਪਿਆਰ ਵਿਚ ਮਸਤ ਰਹਿੰਦਾ ਹੈ,
44987	1050	ਮਾਇਆ ਮੋਹ ਦੁਖ ਸਬਾਇਆ॥		Maaeiaa Moh Dhukh Sabaaeiaa ||	Are trapped in emotional attachment to Maya; they totally suffer in pain.	ਉਸ ਨੂੰ ਮਾਇਆ ਦੇ ਮੋਹ ਦੇ ਸਾਰੇ ਦੁੱਖ (ਚੰਬੜੇ ਰਹਿੰਦੇ ਹਨ),
44988	1050	ਬਿਨੁ ਗੁਰ ਦੁਖੁ ਸੁਖੁ ਜਾਪੈ ਨਾਹੀ ਮਾਇਆ ਮੋਹ ਦੁਖੁ ਭਾਰੀ ਹੇ॥੯॥		Bin Gur Dhukh Sukh Jaapai Naahee Maaeiaa Moh Dhukh Bhaaree Hae ||9||	Without the Guru, they do not understand pain and pleasure; attached to Maya, they suffer in terrible pain. ||9||	ਮਾਇਆ ਦੇ ਮੋਹ ਦਾ ਭਾਰੀ ਦੁੱਖ ਉਸ ਨੂੰ ਵਾਪਰਿਆ ਰਹਿੰਦਾ ਹੈ। ਗੁਰੂ ਦੀ ਸਰਨ ਤੋਂ ਬਿਨਾ ਇਹ ਸਮਝ ਨਹੀਂ ਪੈਂਦੀ ਕਿ ਦੁੱਖ ਕਿਵੇਂ ਦੂਰ ਹੋਵੇ ਅਤੇ ਸੁਖ ਕਿਵੇਂ ਮਿਲੇ ॥੯॥
44989	1050	ਸਾਚਾ ਸਬਦੁ ਜਿਨਾ ਮਨਿ ਭਾਇਆ॥		Saachaa Sabadh Jinaa Man Bhaaeiaa ||	Those whose minds are pleased with the True Word of the Shabad	ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਪਿਆਰੀ ਲੱਗਣ ਲੱਗ ਪੈਂਦੀ ਹੈ,
44990	1050	ਪੂਰਬਿ ਲਿਖਿਆ ਤਿਨੀ ਕਮਾਇਆ॥		Poorab Likhiaa Thinee Kamaaeiaa ||	Act according to pre-ordained destiny.	ਉਹੀ ਮਨੁੱਖ ਪੂਰਬਲੇ ਜਨਮ ਵਿਚ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ (ਨਾਮ ਸਿਮਰਨ ਦੀ) ਕਮਾਈ ਕਰਦੇ ਹਨ।

44991	1050	ਸਚੋ ਸੇਵਹਿ ਸਚੁ ਧਿਆਵਹਿ ਸਚਿ ਰਤੇ ਵੀਚਾਰੀ ਹੇ॥੧੦॥		Sacho Saevehi Sach Dhhiaavehi Sach Rathae Veechaaree Hae ||10||	They serve the True Lord, and meditate on the True Lord; they are imbued with contemplative meditation on the True Lord. ||10||	ਉਹ ਮਨੁੱਖ ਸਦਾ-ਥਿਰ ਪ੍ਰਭੂ ਦੀ ਸੇਵਾ-ਭਗਤੀ ਕਰਦੇ ਹਨ, ਸਦਾ-ਥਿਰ ਪ੍ਰਭੂ ਨੂੰ ਸਿਮਰਦੇ ਹਨ, ਸਦਾ-ਥਿਰ ਪ੍ਰਭੂ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ, ਤੇ ਉੱਚੀ ਸੂਝ ਵਾਲੇ ਹੋ ਜਾਂਦੇ ਹਨ ॥੧੦॥
44992	1050	ਗੁਰ ਕੀ ਸੇਵਾ ਮੀਠੀ ਲਾਗੀ॥		Gur Kee Saevaa Meethee Laagee ||	Service to the Guru seems sweet to them.	ਜਿਸ ਮਨੁੱਖ ਨੂੰ ਗੁਰੂ ਦੀ (ਦੱਸੀ) ਸੇਵਾ ਪਿਆਰੀ ਲੱਗਦੀ ਹੈ,
44993	1050	ਅਨ ਦਿਨੁ ਸੂਖ ਸਹਜ ਸਮਾਧੀ॥		Anadhin Sookh Sehaj Samaadhhee ||	Night and day, they are intuitively immersed in celestial peace.	ਉਹ ਹਰ ਵੇਲੇ ਆਤਮਕ ਆਨੰਦ ਮਾਣਦਾ ਹੈ, ਉਸ ਦੀ ਆਮਤਕ ਅਡੋਲਤਾ ਵਾਲੀ ਸਮਾਧੀ ਬਣੀ ਰਹਿੰਦੀ ਹੈ।
44994	1050	ਹਰਿ ਹਰਿ ਕਰਤਿਆ ਮਨੁ ਨਿਰਮਲੁ ਹੋਆ ਗੁਰ ਕੀ ਸੇਵ ਪਿਆਰੀ ਹੇ॥੧੧॥		Har Har Karathiaa Man Niramal Hoaa Gur Kee Saev Piaaree Hae ||11||	Chanting the Name of the Lord, Har, Har, their minds become immaculate; they love to serve the Guru. ||11||	ਪਰਮਾਤਮਾ ਦਾ ਨਾਮ ਜਪਦਿਆਂ ਉਸ ਦਾ ਮਨ ਪਵਿੱਤਰ ਹੋ ਜਾਂਦਾ ਹੈ, ਗੁਰੂ ਦੀ ਸਰਨ ਵਿਚ ਪਏ ਰਹਿਣਾ ਉਸ ਨੂੰ ਚੰਗਾ ਲੱਗਦਾ ਹੈ ॥੧੧॥
44995	1050	ਸੇ ਜਨ ਸੁਖੀਏ ਸਤਿਗੁਰਿ ਸਚੇ ਲਾਏ॥		Sae Jan Sukheeeae Sathigur Sachae Laaeae ||	Those humble beings are at peace, whom the True Guru attaches to the Truth.	ਜਿਨ੍ਹਾਂ ਮਨੁੱਖਾਂ ਨੂੰ ਗੁਰੂ ਨੇ ਸਦਾ-ਥਿਰ ਪ੍ਰਭੂ ਦੀ ਯਾਦ ਵਿਚ ਜੋੜ ਦਿੱਤਾ, ਉਹ ਸੁਖੀ ਜੀਵਨ ਬਿਤੀਤ ਕਰਦੇ ਹਨ,

44996	1050	ਆਪੇ ਭਾਣੇ ਆਪਿ ਮਿਲਾਏ॥		Aapae Bhaanae Aap Milaaeae ||	He Himself, in His Will, merges them into Himself.	(ਇਹ ਪਰਮਾਤਮਾ ਦੀ ਆਪਣੀ ਹੀ ਮਿਹਰ ਹੈ, ਪ੍ਰਭੂ ਨੂੰ) ਆਪ ਹੀ (ਅਜਿਹੇ ਮਨੁੱਖ) ਚੰਗੇ ਲੱਗੇ, ਤੇ, ਆਪ ਹੀ ਉਸ ਨੇ (ਆਪਣੇ ਚਰਨਾਂ ਵਿਚ) ਜੋੜ ਲਏ।
44997	1050	ਸਤਿਗੁਰਿ ਰਾਖੇ ਸੇ ਜਨ ਉਬਰੇ ਹੋਰ ਮਾਇਆ ਮੋਹ ਖੁਆਰੀ ਹੇ॥੧੨॥		Sathigur Raakhae Sae Jan Oubarae Hor Maaeiaa Moh Khuaaree Hae ||12||	Those humble beings, whom the True Guru protects, are saved. The rest are ruined through emotional attachment to Maya. ||12||	ਗੁਰੂ ਨੇ ਜਿਨ੍ਹਾਂ ਮਨੁੱਖਾਂ ਦੀ ਰੱਖਿਆ ਕੀਤੀ, ਉਹ ਮਨੁੱਖ (ਮਾਇਆ ਦੇ ਮੋਹ ਤੋਂ) ਬਚ ਗਏ, ਹੋਰ ਲੁਕਾਈ ਮਾਇਆ ਦੇ ਮੋਹ ਦੀ ਖ਼ੁਆਰੀ (ਸਾਰੀ ਉਮਰ) ਝੱਲਦੀ ਰਹੀ ॥੧੨॥
44998	1051	ਗੁਰਮੁਖਿ ਸਾਚਾ ਸਬਦਿ ਪਛਾਤਾ॥		Guramukh Saachaa Sabadh Pashhaathaa ||	The Gurmukh realizes the True Word of the Shabad.	ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਸਦਾ-ਥਿਰ ਪਰਮਾਤਮਾ ਨਾਲ ਸਾਂਝ ਪਾ ਲਈ,
44999	1051	ਨਾ ਤਿਸੁ ਕੁਟੰਬੁ ਨਾ ਤਿਸੁ ਮਾਤਾ॥	ਮਾਤਾ: ਪੋਲਾ ਬੋਲੋ	Naa This Kuttanb Naa This Maathaa ||	He has no family, and he has no mother.	(ਉਸ ਨੂੰ ਇਹ ਸਮਝ ਆ ਗਈ ਕਿ) ਉਸ (ਪਰਮਾਤਮਾ) ਦਾ ਨਾਹ ਕੋਈ (ਖ਼ਾਸ) ਪਰਵਾਰ ਹੈ ਨਾਹ ਉਸ ਦੀ ਮਾਂ ਹੈ,
45000	1051	ਏਕੋ ਏਕੁ ਰਵਿਆ ਸਭ ਅੰਤਰਿ ਸਭਨਾ ਜੀਆ ਕਾ ਆਧਾਰੀ ਹੇ॥੧੩॥		Eaeko Eaek Raviaa Sabh Anthar Sabhanaa Jeeaa Kaa Aadhhaaree Hae ||13||	The One and Only Lord is pervading and permeating deep within the nucleus of all. He is the Support of all beings. ||13||	ਉਹ ਆਪ ਹੀ ਆਪ ਸਭ ਜੀਵਾਂ ਵਿਚ ਵਿਆਪਕ ਹੈ ਅਤੇ ਸਭ ਜੀਵਾਂ ਦਾ ਆਸਰਾ ਹੈ ॥੧੩॥

45001	1051	ਹਉਮੈ ਮੇਰਾ ਦੂਜਾ ਭਾਇਆ॥		Houmai Maeraa Dhoojaa Bhaaeiaa ||	Egotism, possessiveness, and the love of duality	(ਕਈ ਐਸੇ ਹਨ ਜਿਨ੍ਹਾਂ ਨੂੰ) ਹਉਮੈ ਚੰਗੀ ਲੱਗਦੀ ਹੈ, ਮਮਤਾ ਪਿਆਰੀ ਲੱਗਦੀ ਹੈ, ਮਾਇਆ ਦਾ ਮੋਹ ਪਸੰਦ ਹੈ;
45002	1051	ਕਿਛੁ ਨ ਚਲੈ ਧੁਰਿ ਖਸਮਿ ਲਿਖਿ ਪਾਇਆ॥		Kishh N Chalai Dhhur Khasam Likh Paaeiaa ||	- none of these shall go along with you; such is the pre-ordained will of our Lord and Master.	ਪਰ ਮਾਲਕ-ਪ੍ਰਭੂ ਨੇ ਧੁਰੋਂ ਹੀ ਇਹ ਮਰਯਾਦਾ ਚਲਾ ਰੱਖੀ ਹੈ ਕਿ ਕੋਈ ਭੀ ਚੀਜ਼ (ਕਿਸੇ ਦੇ ਨਾਲ) ਨਹੀਂ ਜਾਂਦੀ।
45003	1051	ਗੁਰ ਸਾਚੇ ਤੇ ਸਾਚੁ ਕਮਾਵਹਿ ਸਾਚੈ ਦੂਖ ਨਿਵਾਰੀ ਹੇ॥੧੪॥		Gur Saachae Thae Saach Kamaavehi Saachai Dhookh Nivaaree Hae ||14||	Through the True Guru, practice Truth, and the True Lord shall take away your pains. ||14||	ਅਭੁੱਲ ਗੁਰੂ ਤੋਂ (ਸਿੱਖਿਆ ਲੈ ਕੇ) ਜਿਹੜੇ ਮਨੁੱਖ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦੇ ਹਨ, ਸਦਾ-ਥਿਰ ਪਰਮਾਤਮਾ ਨੇ ਉਹਨਾਂ ਦੇ ਸਾਰੇ ਦੁੱਖ ਦੂਰ ਕਰ ਦਿੱਤੇ ॥੧੪॥
45004	1051	ਜਾ ਤੂ ਦੇਹਿ ਸਦਾ ਸੁਖੁ ਪਾਏ॥		Jaa Thoo Dhaehi Sadhaa Sukh Paaeae ||	If You so bless me, then I shall find lasting peace.	ਹੇ ਪ੍ਰਭੂ! ਜਦੋਂ (ਕਿਸੇ ਮਨੁੱਖ ਨੂੰ ਆਪਣੇ ਨਾਮ ਦੀ ਦਾਤਿ) ਦੇਂਦਾ ਹੈਂ (ਉਹ ਮਨੁੱਖ) ਸਦਾ ਆਤਮਕ ਆਨੰਦ ਮਾਣਦਾ ਹੈ।
45005	1051	ਸਾਚੈ ਸਬਦੇ ਸਾਚੁ ਕਮਾਏ॥		Saachai Sabadhae Saach Kamaaeae ||	Through the True Word of the Shabad, I live the Truth.	ਗੁਰੂ ਦੇ ਸ਼ਬਦ ਦੀ ਰਾਹੀਂ ਉਹ ਤੇਰੇ ਸਦਾ-ਥਿਰ ਸਰੂਪ ਵਿਚ ਟਿਕ ਕੇ ਤੇਰਾ ਸਦਾ-ਥਿਰ ਨਾਮ ਸਿਮਰਦਾ ਹੈ।

45006	1051	ਅੰਦਰੁ ਸਾਚਾ ਮਨੁ ਤਨੁ ਸਾਚਾ ਭਗਤਿ ਭਰੇ ਭੰਡਾਰੀ ਹੇ॥੧੫॥		Andhar Saachaa Man Than Saachaa Bhagath Bharae Bhanddaaree Hae ||15||	The True Lord is within me, and my mind and body have become True. I am blessed with the overflowing treasure of devotional worship. ||15||	ਉਸ ਮਨੁੱਖ ਦਾ ਹਿਰਦਾ ਅਡੋਲ ਹੋ ਜਾਂਦਾ ਹੈ, ਉਸ ਦਾ ਮਨ ਅਡੋਲ ਹੋ ਜਾਂਦਾ ਹੈ, ਉਸ ਦਾ ਸਰੀਰ (ਵਿਕਾਰਾਂ ਵਲੋਂ) ਅਡੋਲ ਹੋ ਜਾਂਦਾ ਹੈ, (ਉਸ ਦੇ ਅੰਦਰ) ਭਗਤੀ ਦੇ ਭੰਡਾਰੇ ਭਰ ਜਾਂਦੇ ਹਨ ॥੧੫॥
45007	1051	ਆਪੇ ਵੇਖੈ ਹੁਕਮਿ ਚਲਾਏ॥		Aapae Vaekhai Hukam Chalaaeae ||	He Himself watches, and issues His Command.	ਪਰਮਾਤਮਾ ਆਪ ਹੀ (ਸਭ ਜੀਵਾਂ ਦੀ) ਸੰਭਾਲ ਕਰ ਰਿਹਾ ਹੈ (ਸਭ ਨੂੰ ਆਪਣੇ) ਹੁਕਮ ਵਿਚ ਤੋਰ ਰਿਹਾ ਹੈ,
45008	1051	ਅਪਣਾ ਭਾਣਾ ਆਪਿ ਕਰਾਏ॥		Apanaa Bhaanaa Aap Karaaeae ||	He Himself inspires us to obey His Will.	ਆਪਣੀ ਰਜ਼ਾ (ਜੀਵਾਂ ਪਾਸੋਂ) ਆਪ ਕਰਾਂਦਾ ਹੈ।
45009	1051	ਨਾਨਕ ਨਾਮਿ ਰਤੇ ਬੈਰਾਗੀ ਮਨੁ ਤਨੁ ਰਸਨਾ ਨਾਮਿ ਸਵਾਰੀ ਹੇ॥੧੬॥੭॥		Naanak Naam Rathae Bairaagee Man Than Rasanaa Naam Savaaree Hae ||16||7||	O Nanak, only those who are attuned to the Naam are detached; their minds, bodies and tongues are embellished with the Naam. ||16||7||	ਹੇ ਨਾਨਕ! ਜਿਹੜੇ ਮਨੁੱਖ ਉਸ ਦੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ ਉਹ ਮਾਇਆ ਤੋਂ ਨਿਰਲੇਪ ਰਹਿੰਦੇ ਹਨ, ਉਹਨਾਂ ਦਾ ਮਨ ਉਹਨਾਂ ਦਾ ਤਨ ਉਹਨਾਂ ਦੀ ਜੀਭ ਪਰਮਾਤਮਾ ਦੇ ਨਾਮ ਨੇ ਸੋਹਣੇ ਬਣਾ ਦਿੱਤੇ ਹੁੰਦੇ ਹਨ ॥੧੬॥੭॥
45010	1051	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
45011	1051	ਆਪੇ ਆਪੁ ਉਪਾਇ ਉਪੰਨਾ॥	(ਉਪੰਨਾ) ਉਤਪਤੀ ਕਰਨ ਵਾਲੇ ਰਾਮਜੀ	Aapae Aap Oupaae Oupannaa ||	He Himself created Himself, and came into being.	ਪਰਮਾਤਮਾ ਆਪ ਹੀ ਆਪਣੇ ਆਪ ਨੂੰ ਪੈਦਾ ਕਰ ਕੇ ਪਰਗਟ ਹੋਇਆ,

45012	1051	ਸਭ ਮਹਿ ਵਰਤੈ ਏਕੁ ਪਰਛੰਨਾ॥	(ਪਰਛੰਨਾ) ਪ੍ਰਗਟ	Sabh Mehi Varathai Eaek Parashhannaa ||	The One Lord is pervading in all, remaining hidden.	ਪਰਮਾਤਮਾ ਆਪ ਹੀ ਸਭ ਅੰਦਰ ਗੁਪਤ ਰੂਪ ਵਿਚ ਵਿਆਪਕ ਹੈ[
45013	1051	ਸਭਨਾ ਸਾਰ ਕਰੇ ਜਗਜੀਵਨੁ ਜਿਨਿ ਅਪਣਾ ਆਪੁ ਪਛਾਤਾ ਹੇ॥੧॥		Sabhanaa Saar Karae Jagajeevan Jin Apanaa Aap Pashhaathaa Hae ||1||	The Lord, the Life of the world, takes care of all. Whoever knows his own self, realizes God. ||1||	ਜਿਸ ਮਨੁੱਖ ਨੇ ਸਦਾ ਆਪਣੇ ਜੀਵਨ ਨੂੰ ਪੜਤਾਲਿਆ ਹੈ (ਉਹ ਜਾਣਦਾ ਹੈ ਕਿ) ਉਹ ਜਗਤ-ਦਾ-ਸਹਾਰਾ ਪ੍ਰਭੂ ਸਭ ਜੀਵਾਂ ਦੀ ਸੰਭਾਲ ਕਰਦਾ ਹੈ ॥੧॥
45014	1051	ਜਿਨਿ ਬ੍ਰਹਮਾ ਬਿਸਨੁ ਮਹੇਸੁ ਉਪਾਏ॥		Jin Brehamaa Bisan Mehaes Oupaaeae ||	He who created Brahma, Vishnu and Shiva,	ਜਿਸ ਪਰਮਾਤਮਾ ਨੇ ਬ੍ਰਹਮਾ ਵਿਸ਼ਨੂ ਸ਼ਿਵ ਪੈਦਾ ਕੀਤੇ,
45015	1051	ਸਿਰਿ ਸਿਰਿ ਧੰਧੈ ਆਪੇ ਲਾਏ॥		Sir Sir Dhhandhhai Aapae Laaeae ||	Links each and every being to its tasks.	ਉਹ ਆਪ ਹੀ ਹਰੇਕ ਜੀਵ ਨੂੰ ਧੰਧੇ ਵਿਚ ਲਾਂਦਾ ਹੈ।
45016	1051	ਜਿਸੁ ਭਾਵੈ ਤਿਸੁ ਆਪੇ ਮੇਲੇ ਜਿਨਿ ਗੁਰਮੁਖਿ ਏਕੋ ਜਾਤਾ ਹੇ॥੨॥		Jis Bhaavai This Aapae Maelae Jin Guramukh Eaeko Jaathaa Hae ||2||	He merges into Himself, whoever is pleasing to His Will. The Gurmukh knows the One Lord. ||2||	ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਇਕ ਪਰਮਾਤਮਾ ਨੂੰ ਹਰ ਥਾਂ ਵੱਸਦਾ ਜਾਣ ਲਿਆ (ਉਹ ਸਮਝਦਾ ਹੈ ਕਿ) ਜਿਹੜਾ ਉਸ ਨੂੰ ਚੰਗਾ ਲੱਗਦਾ ਹੈ ਉਸ ਨੂੰ ਆਪ ਹੀ (ਆਪਣੇ ਚਰਨਾਂ ਵਿਚ) ਜੋੜਦਾ ਹੈ ॥੨॥
45017	1051	ਆਵਾ ਗਉਣੁ ਹੈ ਸੰਸਾਰਾ॥		Aavaa Goun Hai Sansaaraa ||	The world is coming and going in reincarnation.	ਇਹ ਜਗਤ ਜਨਮ ਮਰਨ ਦਾ ਚੱਕਰ ਹੀ ਹੈ।

45018	1051	ਮਾਇਆ ਮੋਹੁ ਬਹੁ ਚਿਤੈ ਬਿਕਾਰਾ॥		Maaeiaa Mohu Bahu Chithai Bikaaraa ||	Attached to Maya, it dwells on its many sins.	ਇਥੇ ਮਾਇਆ ਦਾ ਮੋਹ ਪ੍ਰਬਲ ਹੈ (ਜਿਸ ਦੇ ਕਾਰਨ ਜੀਵ) ਵਿਕਾਰ ਚਿਤਵਦਾ ਰਹਿੰਦਾ ਹੈ।
45019	1051	ਥਿਰੁ ਸਾਚਾ ਸਾਲਾਹੀ ਸਦ ਹੀ ਜਿਨਿ ਗੁਰ ਕਾ ਸਬਦੁ ਪਛਾਤਾ ਹੇ॥੩॥		Thhir Saachaa Saalaahee Sadh Hee Jin Gur Kaa Sabadh Pashhaathaa Hae ||3||	One who realizes the Word of the Guru's Shabad, praises forever the eternal, unchanging True Lord. ||3||	ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਨਾਲ ਸਾਂਝ ਪਾ ਲਈ (ਉਹ ਜਾਣਦਾ ਹੈ ਕਿ) (ਇਥੇ) ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਹੀ ਸਦਾ ਸਾਲਾਹਣ-ਜੋਗ ਹੈ ॥੩॥
45020	1051	ਇਕਿ ਮੂਲਿ ਲਗੇ ਓਨੀ ਸੁਖੁ ਪਾਇਆ॥		Eik Mool Lagae Ounee Sukh Paaeiaa ||	Some are attached to the root - they find peace.	ਕਈ ਐਸੇ ਹਨ ਜੋ ਜਗਤ ਦੇ ਰਚਨਹਾਰ ਪ੍ਰਭੂ ਦੀ ਯਾਦ ਵਿਚ ਜੁੜੇ ਰਹਿੰਦੇ ਹਨ, ਉਹ ਆਤਮਕ ਆਨੰਦ ਮਾਣਦੇ ਹਨ।
45021	1051	ਡਾਲੀ ਲਾਗੇ ਤਿਨੀ ਜਨਮੁ ਗਵਾਇਆ॥		Ddaalee Laagae Thinee Janam Gavaaeiaa ||	But those who are attached to the branches, waste their lives away uselessly.	ਪਰ ਜਿਹੜੇ ਮਨੁੱਖ ਮਾਇਕ ਪਦਾਰਥਾਂ ਵਿਚ ਲੱਗੇ ਰਹਿੰਦੇ ਹਨ, ਉਹਨਾਂ ਆਪਣਾ ਜੀਵਨ ਗਵਾ ਲਿਆ ਹੈ।
45022	1051	ਅੰਮ੍ਰਿਤ ਫਲ ਤਿਨ ਜਨ ਕਉ ਲਾਗੇ ਜੋ ਬੋਲਹਿ ਅੰਮ੍ਰਿਤ ਬਾਤਾ ਹੇ॥੪॥	ਬਾਤਾਂ	Anmrith Fal Thin Jan Ko Laagae Jo Bolehi Anmrith Baathaa Hae ||4||	Those humble beings, who chant the Name of the Ambrosial Lord, produce the ambrosial fruit. ||4||	ਆਤਮਕ ਜੀਵਨ ਦੇਣ ਵਾਲੇ ਫਲ ਉਹਨਾਂ ਨੂੰ ਹੀ ਲੱਗਦੇ ਹਨ ਜਿਹੜੇ ਆਤਮਕ ਜੀਵਨ ਦੇਣ ਵਾਲੇ (ਸਿਫ਼ਤ-ਸਾਲਾਹ ਦੇ) ਬੋਲ ਬੋਲਦੇ ਹਨ ॥੪॥

45023	1051	ਹਮ ਗੁਣ ਨਾਹੀ ਕਿਆ ਬੋਲਹ ਬੋਲ॥		Ham Gun Naahee Kiaa Boleh Bol ||	I have no virtues; what words should I speak?	ਹੇ ਪ੍ਰਭੂ! ਅਸੀਂ ਜੀਵ ਗੁਣ-ਹੀਨ ਹਾਂ, (ਆਪਣੇ ਮੰਦ ਕਰਮਾਂ ਦੇ ਕਾਰਨ) ਅਸੀਂ ਬੋਲਣ-ਜੋਗੇ ਨਹੀਂ ਹਾਂ।
45024	1051	ਤੂ ਸਭਨਾ ਦੇਖਹਿ ਤੋਲਹਿ ਤੋਲ॥		Thoo Sabhanaa Dhaekhehi Tholehi Thol ||	You see all, and weigh them on Your scale.	ਤੂੰ ਸਭ ਜੀਵਾਂ (ਦੇ ਕਰਮਾਂ) ਨੂੰ ਵੇਖਦਾ ਹੈਂ ਅਤੇ ਪਰਖਦਾ ਹੈਂ।
45025	1051	ਜਿਉ ਭਾਵੈ ਤਿਉ ਰਾਖਹਿ ਰਹਣਾ ਗੁਰਮੁਖਿ ਏਕੋ ਜਾਤਾ ਹੇ॥੫॥	ਰਹ-ਣਾ	Jio Bhaavai Thio Raakhehi Rehanaa Guramukh Eaeko Jaathaa Hae ||5||	By Your will, You preserve me, and so do I remain. The Gurmukh knows the One Lord. ||5||	ਜਿਵੇਂ ਤੇਰੀ ਰਜ਼ਾ ਹੁੰਦੀ ਹੈ ਤੂੰ ਸਾਨੂੰ ਰੱਖਦਾ ਹੈਂ, ਅਸੀਂ ਉਸੇ ਤਰ੍ਹਾਂ ਰਹਿ ਸਕਦੇ ਹਾਂ। ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਤੇਰੇ ਨਾਲ ਹੀ ਸਾਂਝ ਪਾਂਦਾ ਹੈ ॥੫॥
45026	1051	ਜਾ ਤੁਧੁ ਭਾਣਾ ਤਾ ਸਚੀ ਕਾਰੈ ਲਾਏ॥		Jaa Thudhh Bhaanaa Thaa Sachee Kaarai Laaeae ||	According to Your Will, You link me to my true tasks.	ਹੇ ਪ੍ਰਭੂ! ਜਦੋਂ ਤੈਨੂੰ ਚੰਗਾ ਲੱਗੇ, ਤਦੋਂ ਤੂੰ (ਜੀਵਾਂ ਨੂੰ) ਸੱਚੀ ਕਾਰ ਵਿਚ ਲਾਂਦਾ ਹੈਂ, (ਜਿਨ੍ਹਾਂ ਨੂੰ ਲਾਂਦਾ ਹੈਂ, ਉਹ)
45027	1051	ਅਵਗਣ ਛੋਡਿ ਗੁਣ ਮਾਹਿ ਸਮਾਏ॥		Avagan Shhodd Gun Maahi Samaaeae ||	Renouncing vice, I am immersed in virtue.	ਔਗੁਣ ਛੱਡ ਕੇ ਤੇਰੇ ਗੁਣਾਂ ਵਿਚ ਲੀਨ ਹੋਏ ਰਹਿੰਦੇ ਹਨ।
45028	1051	ਗੁਣ ਮਹਿ ਏਕੋ ਨਿਰਮਲੁ ਸਾਚਾ ਗੁਰ ਕੈ ਸਬਦਿ ਪਛਾਤਾ ਹੇ॥੬॥		Gun Mehi Eaeko Niramal Saachaa Gur Kai Sabadh Pashhaathaa Hae ||6||	The One Immaculate True Lord abides in virtue; through the Word of the Guru's Shabad, He is realized. ||6||	ਪ੍ਰਭੂ ਦੇ ਗੁਣਾਂ ਵਿਚ ਚਿੱਤ ਜੋੜਿਆਂ ਗੁਰੂ ਦੇ ਸ਼ਬਦ ਦੀ ਰਾਹੀਂ ਉਹ ਪਵਿੱਤਰ ਅਬਿਨਾਸੀ ਪ੍ਰਭੂ ਹੀ (ਹਰ ਥਾਂ) ਦਿੱਸਦਾ ਹੈ ॥੬॥

45029	1051	ਜਹ ਦੇਖਾ ਤਹ ਏਕੋ ਸੋਈ॥		Jeh Dhaekhaa Theh Eaeko Soee ||	Wherever I look, there I see Him.	ਮੈਂ ਜਿੱਧਰ ਵੇਖਦਾ ਹਾਂ, ਉਧਰ ਸਿਰਫ਼ ਉਹ ਪਰਮਾਤਮਾ ਹੀ ਦਿੱਸ ਰਿਹਾ ਹੈ।
45030	1051	ਦੂਜੀ ਦੁਰਮਤਿ ਸਬਦੇ ਖੋਈ॥		Dhoojee Dhuramath Sabadhae Khoee ||	Duality and evil-mindedness are destroyed through the Shabad.	ਪ੍ਰਭੂ ਤੋਂ ਬਿਨਾ ਕਿਸੇ ਹੋਰ ਨੂੰ ਵੇਖਣ ਲਈ ਖੋਟੀ ਮੱਤ ਗੁਰੂ ਦੇ ਸ਼ਬਦ ਦੀ ਰਾਹੀਂ ਨਾਸ ਹੋ ਜਾਂਦੀ ਹੈ।
45031	1051	ਏਕਸੁ ਮਹਿ ਪ੍ਰਭੁ ਏਕੁ ਸਮਾਣਾ ਅਪਣੈ ਰੰਗਿ ਸਦ ਰਾਤਾ ਹੇ॥੭॥		Eaekas Mehi Prabh Eaek Samaanaa Apanai Rang Sadh Raathaa Hae ||7||	The One Lord God is immersed in His Oneness. He is attuned forever to His own delight. ||7||	(ਸ਼ਬਦ ਦੀ ਬਰਕਤਿ ਨਾਲ ਇਉਂ ਦਿੱਸ ਪੈਂਦਾ ਹੈ ਕਿ) ਆਪਣੇ ਆਪ ਵਿਚ ਪਰਮਾਤਮਾ ਆਪ ਹੀ ਸਮਾਇਆ ਹੋਇਆ ਹੈ, ਉਹ ਸਦਾ ਆਪਣੀ ਮੌਜ ਵਿਚ ਮਸਤ ਰਹਿੰਦਾ ਹੈ ॥੭॥
45032	1051	ਕਾਇਆ ਕਮਲੁ ਹੈ ਕੁਮਲਾਣਾ॥		Kaaeiaa Kamal Hai Kumalaanaa ||	The body-lotus is withering away,	(ਮਨਮੁਖ ਦੇ) ਸਰੀਰ ਵਿਚ ਉਸ ਦਾ ਹਿਰਦਾ-ਕੌਲ ਫੁੱਲ ਕੁਮਲਾਇਆ ਰਹਿੰਦਾ ਹੈ,
45033	1051	ਮਨਮੁਖੁ ਸਬਦੁ ਨ ਬੁਝੈ ਇਆਣਾ॥		Manamukh Sabadh N Bujhai Eiaanaa ||	But the ignorant, self-willed manmukh does not understand the Shabad.	ਕਿਉਂਕਿ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੇ-ਸਮਝ ਮਨੁੱਖ ਗੁਰੂ ਦੇ ਸ਼ਬਦ ਨਾਲ ਸਾਂਝ ਨਹੀਂ ਪਾਂਦਾ।
45034	1051	ਗੁਰ ਪਰਸਾਦੀ ਕਾਇਆ ਖੋਜੇ ਪਾਏ ਜਗਜੀਵਨੁ ਦਾਤਾ ਹੇ॥੮॥		Gur Parasaadhee Kaaeiaa Khojae Paaeae Jagajeevan Dhaathaa Hae ||8||	By Guru's Grace, he searches his body, and finds the Great Giver, the Life of the world. ||8||	ਜਿਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ ਆਪਣੇ ਸਰੀਰ ਨੂੰ ਖੋਜਦਾ ਹੈ (ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ) ਉਹ ਜਗਤ ਦੇ ਸਹਾਰੇ ਪਰਮਾਤਮਾ ਨੂੰ ਲੱਭ ਲੈਂਦਾ ਹੈ ॥੮॥

45035	1051	ਕੋਟ ਗਹੀ ਕੇ ਪਾਪ ਨਿਵਾਰੇ॥	(ਗਹੀ) ਜਨਮਾਂ	Kott Gehee Kae Paap Nivaarae ||	The Lord frees up the body-fortress, which was seized by sins,	ਉਹ ਮਨੁੱਖ (ਆਪਣੇ ਅੰਦਰੋਂ) ਸਰੀਰ ਨੂੰ ਗ੍ਰਸਣ ਵਾਲੇ ਪਾਪ ਦੂਰ ਕਰ ਲੈਂਦਾ ਹੈ,
45036	1051	ਸਦਾ ਹਰਿ ਜੀਉ ਰਾਖੈ ਉਰ ਧਾਰੇ॥		Sadhaa Har Jeeo Raakhai Our Dhhaarae ||	When one keeps the Dear Lord enshrined forever in the heart.	ਜਿਹੜਾ ਮਨੁੱਖ ਪਰਮਾਤਮਾ ਨੂੰ ਸਦਾ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ।
45037	1051	ਜੋ ਇਛੇ ਸੋਈ ਫਲੁ ਪਾਏ ਜਿਉ ਰੰਗੁ ਮਜੀਠੈ ਰਾਤਾ ਹੇ॥੯॥		Jo Eishhae Soee Fal Paaeae Jio Rang Majeethai Raathaa Hae ||9||	The fruits of his desires are obtained, and he is dyed in the permanent color of the Lord's Love. ||9||	ਉਹ ਮਨੁੱਖ ਜਿਸ (ਫਲ) ਦੀ ਇੱਛਾ ਕਰਦਾ ਹੈ ਉਹ ਫਲ ਹਾਸਲ ਕਰ ਲੈਂਦਾ ਹੈ, ਉਸ ਦਾ ਮਨ ਨਾਮ-ਰੰਗ ਨਾਲ ਇਉਂ ਰੰਗਿਆ ਰਹਿੰਦਾ ਹੈ ਜਿਵੇਂ ਮਜੀਠ ਦਾ (ਪੱਕਾ) ਰੰਗ ਹੈ ॥੯॥
45038	1051	ਮਨਮੁਖੁ ਗਿਆਨੁ ਕਥੇ ਨ ਹੋਈ॥		Manamukh Giaan Kathhae N Hoee ||	The self-willed manmukh speaks of spiritual wisdom, but does not understand.	ਮਨ ਦਾ ਮੁਰੀਦ ਮਨੁੱਖ ਗਿਆਨ ਦੀਆਂ ਗੱਲਾਂ ਤਾਂ ਕਰਦਾ ਹੈ, (ਪਰ ਉਸ ਦੇ ਅੰਦਰ ਆਤਮਕ ਜੀਵਨ ਦੀ ਸੂਝ) ਨਹੀਂ ਹੈ।
45039	1051	ਫਿਰਿ ਫਿਰਿ ਆਵੈ ਠਉਰ ਨ ਕੋਈ॥		Fir Fir Aavai Thour N Koee ||	Again and again, he comes into the world, but he finds no place of rest.	ਉਹ ਮੁੜ ਮੁੜ ਜਨਮਾਂ ਦੇ ਗੇੜ ਵਿਚ ਪਿਆ ਰਹਿੰਦਾ ਹੈ, ਕਿਤੇ ਉਸ ਨੂੰ ਟਿਕਾਣਾ ਨਹੀਂ ਮਿਲਦਾ।

45040	1051	ਗੁਰਮੁਖਿ ਗਿਆਨੁ ਸਦਾ ਸਾਲਾਹੇ ਜੁਗਿ ਜੁਗਿ ਏਕੋ ਜਾਤਾ ਹੇ॥੧੦॥		Guramukh Giaan Sadhaa Saalaahae Jug Jug Eaeko Jaathaa Hae ||10||	The Gurmukh is spiritually wise, and praises the Lord forever. Throughout each and every age, the Gurmukh knows the One Lord. ||10||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਗੁਰੂ ਪਾਸੋਂ) ਆਤਮਕ ਜੀਵਨ ਦੀ ਸੂਝ (ਪ੍ਰਾਪਤ ਕਰ ਕੇ) ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ, ਉਸ ਨੂੰ ਹਰੇਕ ਜੁਗ ਵਿਚ ਇਕੋ ਪਰਮਾਤਮਾ ਵੱਸਦਾ ਸਮਝ ਆਉਂਦਾ ਹੈ ॥੧੦॥
45041	1051	ਮਨਮੁਖੁ ਕਾਰ ਕਰੇ ਸਭਿ ਦੁਖ ਸਬਾਏ॥		Manamukh Kaar Karae Sabh Dhukh Sabaaeae ||	All the deeds which the manmukh does bring pain - nothing but pain.	ਮਨ ਦਾ ਮੁਰੀਦ ਮਨੁੱਖ ਉਹੀ ਕਾਰ ਕਰਦਾ ਹੈ ਜਿਸ ਤੋਂ ਸਾਰੇ ਦੁੱਖ ਹੀ ਦੁੱਖ ਵਾਪਰਨ।
45042	1051	ਅੰਤਰਿ ਸਬਦੁ ਨਾਹੀ ਕਿਉ ਦਰਿ ਜਾਏ॥		Anthar Sabadh Naahee Kio Dhar Jaaeae ||	The Word of the Shabad is not within him; how can he go to the Court of the Lord?	ਉਸ ਦੇ ਅੰਦਰ ਗੁਰੂ ਦਾ ਸ਼ਬਦ ਨਹੀਂ ਵੱਸਦਾ, ਉਹ ਪਰਮਾਤਮਾ ਦੇ ਦਰ ਤੇ ਨਹੀਂ ਪਹੁੰਚ ਸਕਦਾ।
45043	1051	ਗੁਰਮੁਖਿ ਸਬਦੁ ਵਸੈ ਮਨਿ ਸਾਚਾ ਸਦ ਸੇਵੇ ਸੁਖਦਾਤਾ ਹੇ॥੧੧॥		Guramukh Sabadh Vasai Man Saachaa Sadh Saevae Sukhadhaathaa Hae ||11||	The True Shabad dwells deep within the mind of the Gurmukh; he serves the Giver of peace forever. ||11||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦੇ ਮਨ ਵਿਚ ਗੁਰੂ ਦਾ ਸ਼ਬਦ ਵੱਸਦਾ ਹੈ ਸਦਾ-ਥਿਰ ਪ੍ਰਭੂ ਵੱਸਦਾ ਹੈ, ਉਹ ਸਦਾ ਸੁਖਾਂ ਦੇ ਦਾਤੇ ਪ੍ਰਭੂ ਦੀ ਸੇਵਾ-ਭਗਤੀ ਕਰਦਾ ਹੈ ॥੧੧॥
45044	1052	ਜਹ ਦੇਖਾ ਤੂ ਸਭਨੀ ਥਾਈ॥	ਥਾਂਈਂ	Jeh Dhaekhaa Thoo Sabhanee Thhaaee ||	Wherever I look, I see You, everywhere.	ਹੇ ਪ੍ਰਭੂ! ਮੈਂ ਜਿੱਧਰ ਵੇਖਦਾ ਹਾਂ, ਤੂੰ ਸਭ ਥਾਵਾਂ ਵਿਚ ਵੱਸਦਾ ਮੈਨੂੰ ਦਿੱਸਦਾ ਹੈਂ,

45045	1052	ਪੂਰੈ ਗੁਰਿ ਸਭ ਸੋਝੀ ਪਾਈ॥		Poorai Gur Sabh Sojhee Paaee ||	Through the Perfect Guru, all this is known.	ਮੈਨੂੰ ਇਹ ਸਾਰੀ ਸੂਝ ਪੂਰੇ ਗੁਰੂ ਤੋਂ ਮਿਲੀ ਹੈ।
45046	1052	ਨਾਮੋ ਨਾਮੁ ਧਿਆਈਐ ਸਦਾ ਸਦ ਇਹੁ ਮਨੁ ਨਾਮੇ ਰਾਤਾ ਹੇ॥੧੨॥		Naamo Naam Dhhiaaeeai Sadhaa Sadh Eihu Man Naamae Raathaa Hae ||12||	I meditate forever and ever on the Naam; this mind is imbued with the Naam. ||12||	ਸਦਾ ਹੀ ਸਦਾ ਹੀ ਪਰਮਾਤਮਾ ਦਾ ਨਾਮ ਹੀ ਨਾਮ ਸਿਮਰਨਾ ਚਾਹੀਦਾ ਹੈ। (ਜਿਹੜਾ ਮਨੁੱਖ ਸਿਮਰਦਾ ਹੈ ਉਸ ਦਾ) ਇਹ ਮਨ ਨਾਮ ਵਿਚ ਹੀ ਰੰਗਿਆ ਜਾਂਦਾ ਹੈ ॥੧੨॥
45047	1052	ਨਾਮੇ ਰਾਤਾ ਪਵਿਤੁ ਸਰੀਰਾ॥		Naamae Raathaa Pavith Sareeraa ||	Imbued with the Naam, the body is sanctified.	ਜਿਹੜਾ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਉਸ ਦਾ ਸਰੀਰ (ਵਿਕਾਰਾਂ ਦੀ ਮੈਲ ਤੋਂ) ਪਵਿੱਤਰ ਰਹਿੰਦਾ ਹੈ;
45048	1052	ਬਿਨੁ ਨਾਵੈ ਡੂਬਿ ਮੁਏ ਬਿਨੁ ਨੀਰਾ॥		Bin Naavai Ddoob Mueae Bin Neeraa ||	Without the Naam, they are drowned and die without water.	ਪਰ ਜਿਹੜੇ ਮਨੁੱਖ ਨਾਮ ਤੋਂ ਸੁੰਞੇ ਰਹਿੰਦੇ ਹਨ, ਉਹ (ਵਿਕਾਰਾਂ ਵਿਚ) ਡੁੱਬ ਕੇ (ਆਤਮਕ ਮੌਤੇ) ਮਰੇ ਰਹਿੰਦੇ ਹਨ, ਉਹ ਵਿਕਾਰਾਂ ਦਾ ਰਤਾ ਭਰ ਭੀ ਟਾਕਰਾ ਨਹੀਂ ਕਰ ਸਕਦੇ।

45049	1052	ਆਵਹਿ ਜਾਵਹਿ ਨਾਮੁ ਨਹੀ ਬੂਝਹਿ ਇਕਨਾ ਗੁਰਮੁਖਿ ਸਬਦੁ ਪਛਾਤਾ ਹੇ॥੧੩॥		Aavehi Jaavehi Naam Nehee Boojhehi Eikanaa Guramukh Sabadh Pashhaathaa Hae ||13||	They come and go, but do not understand the Naam. Some, as Gurmukh, realize the Word of the Shabad. ||13||	ਜਿਹੜੇ ਮਨੁੱਖ ਹਰਿ-ਨਾਮ ਦੀ ਕਦਰ ਨਹੀਂ ਸਮਝਦੇ, ਉਹ ਜਗਤ ਵਿਚ ਆਉਂਦੇ ਹਨ ਤੇ (ਖ਼ਾਲੀ ਹੀ) ਚਲੇ ਜਾਂਦੇ ਹਨ। ਪਰ ਕਈ ਐਸੇ ਹਨ ਜਿਹੜੇ ਗੁਰੂ ਦੀ ਸਰਨ ਪੈ ਕੇ ਗੁਰ-ਸ਼ਬਦ ਨਾਲ ਸਾਂਝ ਪਾਂਦੇ ਹਨ ॥੧੩॥
45050	1052	ਪੂਰੈ ਸਤਿਗੁਰਿ ਬੂਝ ਬੁਝਾਈ॥		Poorai Sathigur Boojh Bujhaaee ||	The Perfect True Guru has imparted this understanding.	ਪੂਰੇ ਗੁਰੂ ਨੇ (ਸਾਨੂੰ ਇਹ) ਸਮਝ ਬਖ਼ਸ਼ੀ ਹੈ,
45051	1052	ਵਿਣੁ ਨਾਵੈ ਮੁਕਤਿ ਕਿਨੈ ਨ ਪਾਈ॥		Vin Naavai Mukath Kinai N Paaee ||	Without the Name, no one attains liberation.	ਕਿ ਪਰਮਾਤਮਾ ਦੇ ਨਾਮ ਤੋਂ ਬਿਨਾ ਕਿਸੇ ਭੀ ਮਨੁੱਖ ਨੇ (ਵਿਕਾਰਾਂ ਤੋਂ) ਖ਼ਲਾਸੀ ਹਾਸਲ ਨਹੀਂ ਕੀਤੀ।
45052	1052	ਨਾਮੇ ਨਾਮਿ ਮਿਲੈ ਵਡਿਆਈ ਸਹਜਿ ਰਹੈ ਰੰਗਿ ਰਾਤਾ ਹੇ॥੧੪॥		Naamae Naam Milai Vaddiaaee Sehaj Rehai Rang Raathaa Hae ||14||	Through the Naam, the Name of the Lord, one is blessed with glorious greatness; he remains intuitively attuned to the Lord's Love. ||14||	ਜਿਹੜਾ ਮਨੁੱਖ ਹਰ ਵੇਲੇ ਨਾਮ ਵਿਚ ਲੀਨ ਰਹਿੰਦਾ ਹੈ ਉਸ ਨੂੰ (ਲੋਕ ਪਰਲੋਕ ਦੀ) ਇੱਜ਼ਤ ਮਿਲਦੀ ਹੈ, ਉਹ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਉਹ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ ॥੧੪॥
45053	1052	ਕਾਇਆ ਨਗਰੁ ਢਹੈ ਢਹਿ ਢੇਰੀ॥		Kaaeiaa Nagar Dtehai Dtehi Dtaeree ||	The body-village crumbles and collapses into a pile of dust.	ਇਹ ਸਰੀਰ-ਨਗਰ (ਆਖ਼ਿਰ) ਢਹਿ ਪੈਂਦਾ ਹੈ, ਤੇ ਢਹਿ ਕੇ ਢੇਰੀ ਹੋ ਜਾਂਦਾ ਹੈ।

45054	1052	ਬਿਨੁ ਸਬਦੈ ਚੂਕੈ ਨਹੀ ਫੇਰੀ॥		Bin Sabadhai Chookai Nehee Faeree ||	Without the Shabad, the cycle of reincarnation is not brought to an end.	ਪਰ ਗੁਰ-ਸ਼ਬਦ (ਨੂੰ ਮਨ ਵਿਚ ਵਸਾਣ) ਤੋਂ ਬਿਨਾ (ਜੀਵਾਤਮਾ ਦਾ) ਜਨਮ ਮਰਨ ਦਾ ਗੇੜ ਨਹੀਂ ਮੁੱਕਦਾ।
45055	1052	ਸਾਚੁ ਸਲਾਹੇ ਸਾਚਿ ਸਮਾਵੈ ਜਿਨਿ ਗੁਰਮੁਖਿ ਏਕੋ ਜਾਤਾ ਹੇ॥੧੫॥		Saach Salaahae Saach Samaavai Jin Guramukh Eaeko Jaathaa Hae ||15||	One who knows the One Lord, through the True Guru, praises the True Lord, and remains immersed in the True Lord. ||15||	ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਇਕ ਪਰਮਾਤਮਾ ਨਾਲ ਹੀ ਸਾਂਝ ਪਾਂਦਾ ਹੈ ਉਹ ਸਦਾ-ਥਿਰ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹੈ, ਉਹ ਸਦਾ-ਥਿਰ (ਦੀ ਯਾਦ) ਵਿਚ ਲੀਨ ਰਹਿੰਦਾ ਹੈ ॥੧੫॥
45056	1052	ਜਿਸ ਨੋ ਨਦਰਿ ਕਰੇ ਸੋ ਪਾਏ॥		Jis No Nadhar Karae So Paaeae ||	The True Word of the Shabad comes to dwell in the mind,	ਉਹੀ ਮਨੁੱਖ (ਸਿਫ਼ਤ-ਸਾਲਾਹ ਦੀ ਦਾਤਿ) ਹਾਸਲ ਕਰਦਾ ਹੈ, ਜਿਸ ਉਤੇ ਪਰਮਾਤਮਾ ਮਿਹਰ ਦੀ ਨਿਗਾਹ ਕਰਦਾ ਹੈ,
45057	1052	ਸਾਚਾ ਸਬਦੁ ਵਸੈ ਮਨਿ ਆਏ॥		Saachaa Sabadh Vasai Man Aaeae ||	When the Lord bestows His Glance of Grace.	ਸਦਾ-ਥਿਰ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਸ਼ਬਦ ਉਸ ਦੇ ਮਨ ਵਿਚ ਆ ਵੱਸਦਾ ਹੈ।
45058	1052	ਨਾਨਕ ਨਾਮਿ ਰਤੇ ਨਿਰੰਕਾਰੀ ਦਰਿ ਸਾਚੈ ਸਾਚੁ ਪਛਾਤਾ ਹੇ॥੧੬॥੮॥		Naanak Naam Rathae Nirankaaree Dhar Saachai Saach Pashhaathaa Hae ||16||8||	O Nanak, those who are attuned to the Naam, the Name of the Formless Lord, realize the True Lord in His True Court. ||16||8||	ਹੇ ਨਾਨਕ! ਜਿਹੜੇ ਮਨੁੱਖ ਨਿਰੰਕਾਰ ਦੇ ਨਾਮ ਵਿਚ ਰੰਗੇ ਰਹਿੰਦੇ ਹਨ, ਜਿਹੜੇ ਸਦਾ-ਥਿਰ ਪ੍ਰਭੂ ਨਾਲ ਸਾਂਝ ਪਾਂਦੇ ਹਨ, ਉਹ ਉਸ ਸਦਾ-ਥਿਰ ਦੇ ਦਰ ਤੇ (ਕਬੂਲ ਹੋ ਜਾਂਦੇ ਹਨ) ॥੧੬॥੮॥
45059	1052	ਮਾਰੂ ਸੋਲਹੇ ੩॥	੩: ਤੀਜਾ ਪੜ੍ਹੋ	Maaroo Solehae 3 ||	Maaroo, Solhay, Third Mehl:	

45060	1052	ਆਪੇ ਕਰਤਾ ਸਭੁ ਜਿਸੁ ਕਰਣਾ॥		Aapae Karathaa Sabh Jis Karanaa ||	O Creator, it is You Yourself who does all.	ਹੇ ਪ੍ਰਭੂ! ਤੂੰ ਆਪ ਹੀ ਉਹ ਕਰਤਾਰ ਹੈਂ ਜਿਸ ਦਾ (ਰਚਿਆ ਹੋਇਆ ਇਹ) ਸਾਰਾ ਜਗਤ ਹੈ।
45061	1052	ਜੀਅ ਜੰਤ ਸਭਿ ਤੇਰੀ ਸਰਣਾ॥		Jeea Janth Sabh Thaeree Saranaa ||	All beings and creatures are under Your Protection.	ਸਾਰੇ ਜੀਵ ਤੇਰੀ ਹੀ ਸਰਨ ਵਿਚ ਹਨ।
45062	1052	ਆਪੇ ਗੁਪਤੁ ਵਰਤੈ ਸਭ ਅੰਤਰਿ ਗੁਰ ਕੈ ਸਬਦਿ ਪਛਾਤਾ ਹੇ॥੧॥		Aapae Gupath Varathai Sabh Anthar Gur Kai Sabadh Pashhaathaa Hae ||1||	You are hidden, and yet permeating within all; through the Word of the Guru's Shabad, You are realized. ||1||	ਪ੍ਰਭੂ ਆਪ ਹੀ ਸਭ ਜੀਵਾਂ ਦੇ ਅੰਦਰ ਗੁਪਤ ਰੂਪ ਵਿਚ ਮੌਜੂਦ ਹੈ। ਗੁਰੂ ਦੇ ਸ਼ਬਦ ਦੀ ਰਾਹੀਂ ਉਸ ਨਾਲ ਸਾਂਝ ਪੈ ਸਕਦੀ ਹੈ ॥੧॥
45063	1052	ਹਰਿ ਕੇ ਭਗਤਿ ਭਰੇ ਭੰਡਾਰਾ॥		Har Kae Bhagath Bharae Bhanddaaraa ||	Devotion to the Lord is a treasure overflowing.	ਹਰੀ ਦੇ ਖ਼ਜ਼ਾਨੇ ਵਿਚ ਭਗਤੀ ਦੇ ਭੰਡਾਰੇ ਭਰੇ ਪਏ ਹਨ।
45064	1052	ਆਪੇ ਬਖਸੇ ਸਬਦਿ ਵੀਚਾਰਾ॥		Aapae Bakhasae Sabadh Veechaaraa ||	He Himself blesses us with contemplative meditation on the Shabad.	ਗੁਰੂ ਦੇ ਸ਼ਬਦ ਦੀ ਰਾਹੀਂ ਆਪ ਹੀ ਪ੍ਰਭੂ ਇਹ ਸੂਝ ਬਖ਼ਸ਼ਦਾ ਹੈ।
45065	1052	ਜੋ ਤੁਧੁ ਭਾਵੈ ਸੋਈ ਕਰਸਹਿ ਸਚੇ ਸਿਉ ਮਨੁ ਰਾਤਾ ਹੇ॥੨॥		Jo Thudhh Bhaavai Soee Karasehi Sachae Sio Man Raathaa Hae ||2||	You do whatever You please; my mind is attuned to the True Lord. ||2||	ਹੇ ਪ੍ਰਭੂ! ਜੋ ਤੈਨੂੰ ਚੰਗਾ ਲੱਗਦਾ ਹੈ, ਉਹੀ ਕੁਝ ਜੀਵ ਕਰਦੇ ਹਨ। (ਪ੍ਰਭੂ ਦੀ ਰਜ਼ਾ ਨਾਲ ਹੀ) ਜੀਵ ਦਾ ਮਨ ਉਸ ਸਦਾ-ਥਿਰ ਪ੍ਰਭੂ ਨਾਲ ਜੁੜ ਸਕਦਾ ਹੈ ॥੨॥

45066	1052	ਆਪੇ ਹੀਰਾ ਰਤਨੁ ਅਮੋਲੋ॥		Aapae Heeraa Rathan Amolo ||	You Yourself are the priceless diamond and jewel.	ਪ੍ਰਭੂ ਆਪ ਹੀ (ਕੀਮਤੀ) ਹੀਰਾ ਹੈ ਆਪ ਹੀ ਅਮੋਲਕ ਰਤਨ ਹੈ।
45067	1052	ਆਪੇ ਨਦਰੀ ਤੋਲੇ ਤੋਲੋ॥		Aapae Nadharee Tholae Tholo ||	In Your Mercy, You weigh with Your scale.	ਪ੍ਰਭੂ ਆਪ ਹੀ ਆਪਣੀ ਮਿਹਰ ਦੀ ਨਿਗਾਹ ਨਾਲ (ਇਸ ਹੀਰੇ ਦੀ) ਪਰਖ ਕਰਦਾ ਹੈ।
45068	1052	ਜੀਅ ਜੰਤ ਸਭਿ ਸਰਣਿ ਤੁਮਾਰੀ ਕਰਿ ਕਿਰਪਾ ਆਪਿ ਪਛਾਤਾ ਹੇ॥੩॥		Jeea Janth Sabh Saran Thumaaree Kar Kirapaa Aap Pashhaathaa Hae ||3||	All beings and creatures are under Your protection. One who is blessed by Your Grace realizes his own self. ||3||	ਹੇ ਪ੍ਰਭੂ! ਸਾਰੇ ਹੀ ਜੀਵ ਤੇਰੀ ਹੀ ਸਰਨ ਵਿਚ ਹਨ। ਤੂੰ ਆਪ ਹੀ ਕਿਰਪਾ ਕਰ ਕੇ (ਆਪਣੇ ਨਾਲ) ਡੂੰਘੀ ਸਾਂਝ ਪੈਦਾ ਕਰਦਾ ਹੈਂ ॥੩॥
45069	1052	ਜਿਸ ਨੋ ਨਦਰਿ ਹੋਵੈ ਧੁਰਿ ਤੇਰੀ॥		Jis No Nadhar Hovai Dhhur Thaeree ||	One who receives Your Mercy, O Primal Lord,	ਹੇ ਪ੍ਰਭੂ! ਜਿਸ ਮਨੁੱਖ ਉੱਤੇ ਧੁਰੋਂ ਤੇਰੀ ਹਜ਼ੂਰੀ ਤੋਂ ਤੇਰੀ ਮਿਹਰ ਦੀ ਨਿਗਾਹ ਹੋਵੇ,
45070	1052	ਮਰੈ ਨ ਜੰਮੈ ਚੂਕੈ ਫੇਰੀ॥		Marai N Janmai Chookai Faeree ||	Does not die, and is not reborn; he is released from the cycle of reincarnation.	ਉਹ ਮੁੜ ਮੁੜ ਜੰਮਦਾ ਮਰਦਾ ਨਹੀਂ, ਉਸ ਦਾ ਜਨਮ ਮਰਨ ਦਾ ਚੱਕਰ ਮੁੱਕ ਜਾਂਦਾ ਹੈ।
45071	1052	ਸਾਚੇ ਗੁਣ ਗਾਵੈ ਦਿਨੁ ਰਾਤੀ ਜੁਗਿ ਜੁਗਿ ਏਕੋ ਜਾਤਾ ਹੇ॥੪॥		Saachae Gun Gaavai Dhin Raathee Jug Jug Eaeko Jaathaa Hae ||4||	He sings the Glorious Praises of the True Lord, day and night, and, throughout the ages, he knows the One Lord. ||4||	(ਜਿਸ ਉੱਤੇ ਉਸ ਦੀ ਨਿਗਾਹ ਹੋਵੇ, ਉਹ) ਦਿਨ ਰਾਤ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦਾ ਹੈ, ਹਰੇਕ ਜੁਗ ਵਿਚ ਉਹ ਉਸ ਪ੍ਰਭੂ ਨੂੰ ਹੀ (ਵੱਸਦਾ) ਸਮਝਦਾ ਹੈ ॥੪॥

45072	1052	ਮਾਇਆ ਮੋਹਿ ਸਭੁ ਜਗਤੁ ਉਪਾਇਆ॥	ਜੱਗਤੁ	Maaeiaa Mohi Sabh Jagath Oupaaeiaa ||	Emotional attachment to Maya wells up throughout the whole world,	ਇਹ ਸਾਰਾ ਹੀ ਜਗਤ ਤੂੰ ਮਾਇਆ ਦੇ ਮੋਹ ਵਿਚ (ਹੀ) ਪੈਦਾ ਕੀਤਾ ਹੈ।
45073	1052	ਬ੍ਰਹਮਾ ਬਿਸਨੁ ਦੇਵ ਸਬਾਇਆ॥		Brehamaa Bisan Dhaev Sabaaeiaa ||	From Brahma, Vishnu and all the demi-gods.	ਹੇ ਪ੍ਰਭੂ! ਬ੍ਰਹਮਾ, ਵਿਸ਼ਨੂ, ਸਾਰੇ ਹੀ ਦੇਵਤੇ (ਜੋ ਭੀ ਜਗਤ ਵਿਚ ਪੈਦਾ ਹੋਇਆ ਹੈ, ਸਭਨਾਂ ਉਤੇ ਮਾਇਆ ਦਾ ਪ੍ਰਭਾਵ ਹੈ)।
45074	1052	ਜੋ ਤੁਧੁ ਭਾਣੇ ਸੇ ਨਾਮਿ ਲਾਗੇ ਗਿਆਨ ਮਤੀ ਪਛਾਤਾ ਹੇ॥੫॥		Jo Thudhh Bhaanae Sae Naam Laagae Giaan Mathee Pashhaathaa Hae ||5||	Those who are pleasing to Your Will, are attached to the Naam; through spiritual wisdom and understanding, You are recognized. ||5||	ਜਿਹੜੇ ਤੈਨੂੰ ਚੰਗੇ ਲੱਗਦੇ ਹਨ, ਉਹ ਤੇਰੇ ਨਾਮ ਵਿਚ ਜੁੜਦੇ ਹਨ। ਆਤਮਕ ਜੀਵਨ ਦੀ ਸੂਝ ਵਾਲੀ ਮੱਤ ਦੀ ਰਾਹੀਂ ਹੀ ਤੇਰੇ ਨਾਲ ਜਾਣ-ਪਛਾਣ ਬਣਦੀ ਹੈ ॥੫॥
45075	1052	ਪਾਪ ਪੁੰਨ ਵਰਤੈ ਸੰਸਾਰਾ॥		Paap Punn Varathai Sansaaraa ||	The world is engrossed in vice and virtue.	ਸਾਰੇ ਜਗਤ ਵਿਚ (ਮਾਇਆ ਦੇ ਪ੍ਰਭਾਵ ਹੇਠ ਹੀ) ਪਾਪਾਂ ਤੇ ਪੁੰਨਾਂ ਦਾ ਵਰਤਾਰਾ ਹੋ ਰਿਹਾ ਹੈ।
45076	1052	ਹਰਖੁ ਸੋਗੁ ਸਭੁ ਦੁਖੁ ਹੈ ਭਾਰਾ॥		Harakh Sog Sabh Dhukh Hai Bhaaraa ||	Happiness and misery are totally loaded with pain.	(ਮਾਇਆ ਦੇ ਮੋਹ ਵਿਚ ਹੀ) ਹਰ ਥਾਂ ਕਿਤੇ ਖ਼ੁਸ਼ੀ ਹੈ ਅਤੇ ਗ਼ਮੀ ਹੈ (ਮਾਇਆ ਦੇ ਮੋਹ ਦਾ) ਭਾਰਾ ਦੁੱਖ (ਜਗਤ ਨੂੰ ਵਿਆਪ ਰਿਹਾ ਹੈ)।

45077	1052	ਗੁਰਮੁਖਿ ਹੋਵੈ ਸੋ ਸੁਖੁ ਪਾਏ ਜਿਨਿ ਗੁਰਮੁਖਿ ਨਾਮੁ ਪਛਾਤਾ ਹੇ॥੬॥		Guramukh Hovai So Sukh Paaeae Jin Guramukh Naam Pashhaathaa Hae ||6||	One who becomes Gurmukh finds peace; such a Gurmukh recognizes the Naam. ||6||	ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਹਰਿ ਨਾਮ ਨਾਲ ਸਾਂਝ ਪਾਈ ਹੈ, ਜਿਹੜਾ ਗੁਰੂ ਦੇ ਸਨਮੁਖ ਰਹਿੰਦਾ ਹੈ ਉਹੀ ਆਤਮਕ ਆਨੰਦ ਮਾਣਦਾ ਹੈ ॥੬॥
45078	1052	ਕਿਰਤੁ ਨ ਕੋਈ ਮੇਟਣਹਾਰਾ॥		Kirath N Koee Maettanehaaraa ||	No one can erase the record of one's actions.	ਕੋਈ ਮਨੁੱਖ ਪਿਛਲੇ ਕੀਤੇ ਕਰਮਾਂ ਦੀ ਕਮਾਈ ਮਿਟਾ ਨਹੀਂ ਸਕਦਾ।
45079	1052	ਗੁਰ ਕੈ ਸਬਦੇ ਮੋਖ ਦੁਆਰਾ॥		Gur Kai Sabadhae Mokh Dhuaaraa ||	Through the Word of the Guru's Shabad, one finds the door of salvation.	(ਪਿਛਲੇ ਕੀਤੇ ਕਰਮਾਂ ਤੋਂ) ਖ਼ਲਾਸੀ ਦਾ ਰਸਤਾ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਲੱਭਦਾ ਹੈ।
45080	1052	ਪੂਰਬਿ ਲਿਖਿਆ ਸੋ ਫਲੁ ਪਾਇਆ ਜਿਨਿ ਆਪੁ ਮਾਰਿ ਪਛਾਤਾ ਹੇ॥੭॥		Poorab Likhiaa So Fal Paaeiaa Jin Aap Maar Pashhaathaa Hae ||7||	One who conquers self-conceit and recognizes the Lord, obtains the fruits of his pre-destined rewards. ||7||	ਜਿਸ ਮਨੁੱਖ ਨੇ ਆਪਾ-ਭਾਵ ਮਿਟਾ ਕੇ (ਹਰਿ-ਨਾਮ ਨਾਲ) ਸਾਂਝ ਪਾ ਲਈ, ਉਸ ਨੇ ਭੀ ਜੋ ਕੁਝ ਪੂਰਬਲੇ ਜਨਮ ਵਿਚ ਕਮਾਈ ਕੀਤੀ, ਉਹੀ ਫਲ ਹੁਣ ਪ੍ਰਾਪਤ ਕੀਤਾ ॥੭॥
45081	1052	ਮਾਇਆ ਮੋਹਿ ਹਰਿ ਸਿਉ ਚਿਤੁ ਨ ਲਾਗੈ॥		Maaeiaa Mohi Har Sio Chith N Laagai ||	Emotionally attached to Maya, one's consciousness is not attached to the Lord.	ਮਾਇਆ ਦੇ ਮੋਹ ਦੇ ਕਾਰਨ ਪਰਮਾਤਮਾ ਨਾਲ ਮਨ ਜੁੜ ਨਹੀਂ ਸਕਦਾ।
45082	1052	ਦੂਜੈ ਭਾਇ ਘਣਾ ਦੁਖੁ ਆਗੈ॥		Dhoojai Bhaae Ghanaa Dhukh Aagai ||	In the love of duality, he will suffer terrible agony in the world hereafter.	ਮਾਇਆ ਦੇ ਮੋਹ ਵਿਚ ਫਸੇ ਰਿਹਾਂ ਜੀਵਨ-ਸਫ਼ਰ ਵਿਚ ਬਹੁਤ ਦੁੱਖ ਵਾਪਰਦਾ ਹੈ।

45083	1052	ਮਨਮੁਖ ਭਰਮਿ ਭੁਲੇ ਭੇਖਧਾਰੀ ਅੰਤ ਕਾਲਿ ਪਛੁਤਾਤਾ ਹੇ॥੮॥		Manamukh Bharam Bhulae Bhaekhadhhaaree Anth Kaal Pashhuthaathaa Hae ||8||	The hypocritical, self-willed manmukhs are deluded by doubt; at the very last moment, they regret and repent. ||8||	ਮਨ ਦੇ ਮੁਰੀਦ ਮਨੁੱਖ ਧਾਰਮਿਕ ਪਹਿਰਾਵਾ ਪਾ ਕੇ ਭੀ ਭਟਕਣਾ ਦੇ ਕਾਰਨ ਕੁਰਾਹੇ ਹੀ ਪਏ ਰਹਿੰਦੇ ਹਨ। ਆਖ਼ਰ ਵੇਲੇ ਪਛੁਤਾਣਾ ਪੈਂਦਾ ਹੈ ॥੮॥
45084	1052	ਹਰਿ ਕੈ ਭਾਣੈ ਹਰਿ ਗੁਣ ਗਾਏ॥		Har Kai Bhaanai Har Gun Gaaeae ||	In accordance with the Lord's Will, he sings the Glorious Praises of the Lord.	ਜਿਹੜਾ ਮਨੁੱਖ ਪਰਮਾਤਮਾ ਦੀ ਰਜ਼ਾ ਵਿਚ ਰਹਿ ਕੇ ਪਰਮਾਤਮਾ ਦੇ ਗੁਣ ਗਾਂਦਾ ਹੈ,
45085	1052	ਸਭਿ ਕਿਲਬਿਖ ਕਾਟੇ ਦੂਖ ਸਬਾਏ॥		Sabh Kilabikh Kaattae Dhookh Sabaaeae ||	He is rid of all sins, and all suffering.	ਉਹ ਆਪਣੇ ਸਾਰੇ ਪਾਪ ਸਾਰੇ ਦੁੱਖ (ਆਪਣੇ ਅੰਦਰੋਂ) ਕੱਟ ਦੇਂਦਾ ਹੈ।
45086	1052	ਹਰਿ ਨਿਰਮਲ ਨਿਰਮਲ ਹੈ ਬਾਣੀ ਹਰਿ ਸੇਤੀ ਮਨੁ ਰਾਤਾ ਹੇ ॥੯॥		Har Niramal Niramal Hai Baanee Har Saethee Man Raathaa Hae ||9||	The Lord is immaculate, and immaculate is the Word of His Bani. My mind is imbued with the Lord. ||9||	ਉਸ ਦਾ ਮਨ ਉਸ ਪ੍ਰਭੂ ਨਾਲ ਰੱਤਾ ਰਹਿੰਦਾ ਹੈ, ਜੋ ਵਿਕਾਰਾਂ ਦੀ ਮੈਲ ਤੋਂ ਰਹਿਤ ਹੈ ਅਤੇ ਜਿਸ ਦੀ ਸਿਫ਼ਤ-ਸਾਲਾਹ ਦੀ ਬਾਣੀ ਭੀ ਪਵਿੱਤਰ ਹੈ ॥੯॥
45087	1052	ਜਿਸ ਨੋ ਨਦਰਿ ਕਰੇ ਸੋ ਗੁਣ ਨਿਧਿ ਪਾਏ॥		Jis No Nadhar Karae So Gun Nidhh Paaeae ||	One who is blessed with the Lord's Glance of Grace, obtains the Lord, the treasure of virtue.	ਪਰਮਾਤਮਾ ਜਿਸ ਮਨੁੱਖ ਉਤੇ ਮਿਹਰ ਦੀ ਨਿਗਾਹ ਕਰਦਾ ਹੈ ਉਹ ਉਸ ਗੁਣਾਂ ਦੇ ਖ਼ਜ਼ਾਨੇ ਹਰੀ ਦਾ ਮਿਲਾਪ ਹਾਸਲ ਕਰ ਲੈਂਦਾ ਹੈ।
45088	1052	ਹਉਮੈ ਮੇਰਾ ਠਾਕਿ ਰਹਾਏ॥		Houmai Maeraa Thaak Rehaaeae ||	Egotism and possessiveness are brought to an end.	ਉਹ ਮਨੁੱਖ ਆਪਣੇ ਅੰਦਰੋਂ ਹਉਮੈ ਤੇ ਮਮਤਾ (ਦੇ ਪ੍ਰਭਾਵ) ਨੂੰ ਰੋਕ ਦੇਂਦਾ ਹੈ।

45089	1052	ਗੁਣ ਅਵਗਣ ਕਾ ਏਕੋ ਦਾਤਾ ਗੁਰਮੁਖਿ ਵਿਰਲੀ ਜਾਤਾ ਹੇ॥੧੦॥		Gun Avagan Kaa Eaeko Dhaathaa Guramukh Viralee Jaathaa Hae ||10||	The One Lord is the only Giver of virtue and vice, merits and demerits; how rare are those who, as Gurmukh, understand this. ||10||	ਗੁਰੂ ਦੇ ਸਨਮੁਖ ਰਹਿਣ ਵਾਲੇ ਵਿਰਲਿਆਂ ਨੇ ਇਹ ਸਮਝਿਆ ਹੈ ਕਿ ਗੁਣ ਦੇਣ ਵਾਲਾ ਅਤੇ ਔਗੁਣ ਪੈਦਾ ਕਰਨ ਵਾਲਾ ਸਿਰਫ਼ ਪਰਮਾਤਮਾ ਹੀ ਹੈ ॥੧੦॥
45090	1052	ਮੇਰਾ ਪ੍ਰਭੁ ਨਿਰਮਲੁ ਅਤਿ ਅਪਾਰਾ॥		Maeraa Prabh Niramal Ath Apaaraa ||	My God is immaculate, and utterly infinite.	ਮੇਰਾ ਪ੍ਰਭੂ ਬੜਾ ਬੇਅੰਤ ਹੈ ਅਤੇ ਵਿਕਾਰਾਂ ਦੇ ਪ੍ਰਭਾਵ ਤੋਂ ਪਰੇ ਹੈ।
45091	1052	ਆਪੇ ਮੇਲੈ ਗੁਰ ਸਬਦਿ ਵੀਚਾਰਾ॥		Aapae Maelai Gur Sabadh Veechaaraa ||	God unites with Himself, through contemplation of the Word of the Guru's Shabad.	ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਗੁਣਾਂ ਦੀ) ਵਿਚਾਰ ਬਖ਼ਸ਼ ਕੇ ਉਹ ਆਪ ਹੀ (ਜੀਵ ਨੂੰ ਆਪਣੇ ਨਾਲ) ਮਿਲਾਂਦਾ ਹੈ।
45092	1053	ਆਪੇ ਬਖਸੇ ਸਚੁ ਦ੍ਰਿੜਾਏ ਮਨੁ ਤਨੁ ਸਾਚੈ ਰਾਤਾ ਹੇ॥੧੧॥		Aapae Bakhasae Sach Dhrirraaeae Man Than Saachai Raathaa Hae ||11||	He Himself forgives, and implants the Truth. The mind and body are then attuned to the True Lord. ||11||	ਜਿਸ ਉਤੇ ਉਹ ਆਪ ਹੀ ਬਖ਼ਸ਼ਸ਼ ਕਰਦਾ ਹੈ, ਉਸ ਦੇ ਹਿਰਦੇ ਵਿਚ ਆਪਣਾ ਸਦਾ-ਥਿਰ ਨਾਮ ਪੱਕਾ ਕਰ ਦੇਂਦਾ ਹੈ; ਉਸ ਮਨੁੱਖ ਦਾ ਮਨ ਉਸ ਦਾ ਤਨ ਸਦਾ-ਥਿਰ ਹਰਿ-ਨਾਮ ਵਿਚ ਰੰਗਿਆ ਜਾਂਦਾ ਹੈ ॥੧੧॥

45093	1053	ਮਨੁ ਤਨੁ ਮੈਲਾ ਵਿਚਿ ਜੋਤਿ ਅਪਾਰਾ॥		Man Than Mailaa Vich Joth Apaaraa ||	Within the polluted mind and body is the Light of the Infinite Lord.	(ਵਿਕਾਰਾਂ ਦੇ ਕਾਰਨ ਮਨੁੱਖ ਦਾ) ਮਨ ਅਤੇ ਤਨ ਗੰਦਾ ਹੋਇਆ ਰਹਿੰਦਾ ਹੈ, (ਫਿਰ ਭੀ ਉਸ ਦੇ) ਅੰਦਰ ਬੇਅੰਤ ਪਰਮਾਤਮਾ ਦੀ ਜੋਤਿ ਮੌਜੂਦ ਹੈ।
45094	1053	ਗੁਰਮਤਿ ਬੂਝੈ ਕਰਿ ਵੀਚਾਰਾ॥		Guramath Boojhai Kar Veechaaraa ||	One who understands the Guru's Teachings, contemplates this.	ਜਦੋਂ ਗੁਰੂ ਦੀ ਮੱਤ ਦੀ ਰਾਹੀਂ ਉਹ ਵਿਚਾਰ ਕਰ ਕੇ (ਆਤਮਕ ਜੀਵਨ ਦੇ ਭੇਤ ਨੂੰ) ਸਮਝਦਾ ਹੈ,
45095	1053	ਹਉਮੈ ਮਾਰਿ ਸਦਾ ਮਨੁ ਨਿਰਮਲੁ ਰਸਨਾ ਸੇਵਿ ਸੁਖਦਾਤਾ ਹੇ॥੧੨॥		Houmai Maar Sadhaa Man Niramal Rasanaa Saev Sukhadhaathaa Hae ||12||	Conquering egotism, the mind becomes immaculate forever; with his tongue, he serves the Lord, the Giver of peace. ||12||	ਤਦੋਂ ਹਉਮੈ ਨੂੰ ਦੂਰ ਕਰ ਕੇ, ਅਤੇ ਜੀਭ ਨਾਲ ਸੁਖਾਂ ਦੇ ਦਾਤੇ ਪ੍ਰਭੂ ਦਾ ਨਾਮ ਜਪ ਕੇ, ਉਸ ਦਾ ਮਨ ਸਦਾ ਲਈ ਪਵਿੱਤਰ ਹੋ ਜਾਂਦਾ ਹੈ ॥੧੨॥
45096	1053	ਗੜ ਕਾਇਆ ਅੰਦਰਿ ਬਹੁ ਹਟ ਬਾਜਾਰਾ॥	ਗੜ੍ਹ। ਹੱਟ	Garr Kaaeiaa Andhar Bahu Hatt Baajaaraa ||	In the fortress of the body there are many shops and bazaars;	ਇਸ ਸਰੀਰ-ਕਿਲ੍ਹੇ ਵਿਚ (ਮਨ ਗਿਆਨ-ਇੰਦ੍ਰੇ ਆਦਿਕ) ਕਈ ਹੱਟ ਹਨ ਕਈ ਬਜ਼ਾਰ ਹਨ (ਜਿੱਥੇ ਪਰਮਾਤਮਾ ਦੇ ਨਾਮ-ਵੱਖਰ ਦਾ ਸੌਦਾ ਕੀਤਾ ਜਾ ਸਕਦਾ ਹੈ)।
45097	1053	ਤਿਸੁ ਵਿਚਿ ਨਾਮੁ ਹੈ ਅਤਿ ਅਪਾਰਾ॥		This Vich Naam Hai Ath Apaaraa ||	Within them is the Naam, the Name of the utterly infinite Lord.	ਇਸ (ਸਰੀਰ-ਕਿਲ੍ਹੇ) ਦੇ ਵਿਚ (ਹੀ) ਪਰਮਾਤਮਾ ਦਾ ਬਹੁਤ ਕੀਮਤੀ ਨਾਮ-ਪਦਾਰਥ ਹੈ।

45098	1053	ਗੁਰ ਕੈ ਸਬਦਿ ਸਦਾ ਦਰਿ ਸੋਹੈ ਹਉਮੈ ਮਾਰਿ ਪਛਾਤਾ ਹੇ॥੧੩॥		Gur Kai Sabadh Sadhaa Dhar Sohai Houmai Maar Pashhaathaa Hae ||13||	In His Court, one is embellished forever with the Word of the Guru's Shabad; he conquers egotism and realizes the Lord. ||13||	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਨਾਮ-ਵੱਖਰ ਖ਼ਰੀਦਦਾ ਹੈ, ਉਹ ਮਨੁੱਖ) ਪਰਮਾਤਮਾ ਦੇ ਦਰ ਤੇ ਸਦਾ ਆਦਰ ਪਾਂਦਾ ਹੈ, (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ (ਉਹ ਮਨੁੱਖ ਇਸ ਨਾਮ-ਰਤਨ ਦੀ) ਕਦਰ ਸਮਝਦਾ ਹੈ ॥੧੩॥
45099	1053	ਰਤਨੁ ਅਮੋਲਕੁ ਅਗਮ ਅਪਾਰਾ॥		Rathan Amolak Agam Apaaraa ||	The jewel is priceless, inaccessible and infinite.	ਕੋਈ ਭੀ ਦੁਨੀਆਵੀ ਪਦਾਰਥ ਅਪਹੁੰਚ ਤੇ ਬੇਅੰਤ ਪਰਮਾਤਮਾ ਦੇ ਨਾਮ-ਰਤਨ ਦੀ ਬਰਾਬਰ ਦੀ ਕੀਮਤ ਦਾ ਨਹੀਂ ਹੈ।
45100	1053	ਕੀਮਤਿ ਕਵਣੁ ਕਰੇ ਵੇਚਾਰਾ॥		Keemath Kavan Karae Vaechaaraa ||	How can the poor wretch estimate its worth?	ਜੀਵ ਵਿਚਾਰਾ ਇਸ ਨਾਮ-ਰਤਨ ਦਾ ਮੁੱਲ ਪਾ ਹੀ ਨਹੀਂ ਸਕਦਾ।
45101	1053	ਗੁਰ ਕੈ ਸਬਦੇ ਤੋਲਿ ਤੋਲਾਏ ਅੰਤਰਿ ਸਬਦਿ ਪਛਾਤਾ ਹੇ॥੧੪॥		Gur Kai Sabadhae Thol Tholaaeae Anthar Sabadh Pashhaathaa Hae ||14||	Through the Word of the Guru's Shabad, it is weighed, and so the Shabad is realized deep within. ||14||	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਇਸ ਨਾਮ-ਰਤਨ ਨੂੰ ਪਰਖ ਕੇ ਖ਼ਰੀਦਦਾ ਹੈ, ਉਹ ਸ਼ਬਦ ਦੀ ਬਰਕਤਿ ਨਾਲ ਆਪਣੇ ਅੰਦਰ ਹੀ ਇਸ ਨੂੰ ਲੱਭ ਲੈਂਦਾ ਹੈ ॥੧੪॥
45102	1053	ਸਿਮ੍ਰਿਤਿ ਸਾਸਤ੍ਰ ਬਹੁਤੁ ਬਿਸਥਾਰਾ॥	ਸਿਮ-ਰ੍ਿਤਿ	Simrith Saasathr Bahuth Bisathhaaraa ||	The great volumes of the Simritees and the Shaastras	ਸਿਮ੍ਰਿਤੀਆਂ ਸ਼ਾਸਤਰ (ਆਦਿਕ ਧਰਮ ਪੁਸਤਕ ਹਰਿ-ਨਾਮ ਤੋਂ ਬਿਨਾ ਹੋਰ) ਬਹੁਤ ਵਿਚਾਰ-ਖਿਲਾਰਾ ਖਿਲਾਰਦੇ ਹਨ,

45103	1053	ਮਾਇਆ ਮੋਹੁ ਪਸਰਿਆ ਪਾਸਾਰਾ॥		Maaeiaa Mohu Pasariaa Paasaaraa ||	Only extend the extension of attachment to Maya.	(ਪਰ ਉਹਨਾਂ ਵਿਚ) ਮਾਇਆ ਦਾ ਮੋਹ ਹੀ ਹੈ (ਕਰਮ ਕਾਂਡ ਦਾ ਹੀ) ਖਿਲਾਰਾ ਖਿਲਾਰਿਆ ਹੋਇਆ ਹੈ।
45104	1053	ਮੂਰਖ ਪੜਹਿ ਸਬਦੁ ਨ ਬੂਝਹਿ ਗੁਰਮੁਖਿ ਵਿਰਲੈ ਜਾਤਾ ਹੇ॥੧੫॥	ਪੜ੍ਹਹਿ,ਬੂੱਝਹਿ	Moorakh Parrehi Sabadh N Boojhehi Guramukh Viralai Jaathaa Hae ||15||	The fools read them, but do not understand the Word of the Shabad. How rare are those who, as Gurmukh, understand. ||15||	(ਨਾਮ ਵਲੋਂ ਖੁੰਝੇ ਹੋਏ) ਮੂਰਖ (ਉਹਨਾਂ ਪੁਸਤਕਾਂ ਨੂੰ) ਪੜ੍ਹਦੇ ਹਨ, ਪਰ ਸਿਫ਼ਤ-ਸਾਲਾਹ ਦੀ ਬਾਣੀ ਦੀ ਕਦਰ ਨਹੀਂ ਸਮਝਦੇ। ਗੁਰੂ ਦੇ ਸਨਮੁਖ ਰਹਿਣ ਵਾਲੇ ਵਿਰਲੇ ਮਨੁੱਖ ਨੇ (ਸ਼ਬਦ ਦੀ ਕਦਰ) ਸਮਝ ਲਈ ਹੈ ॥੧੫॥
45105	1053	ਆਪੇ ਕਰਤਾ ਕਰੇ ਕਰਾਏ॥		Aapae Karathaa Karae Karaaeae ||	The Creator Himself acts, and causes all to act.	(ਪਰ ਜੀਵਾਂ ਦੇ ਕੀਹ ਵੱਸ?) ਕਰਤਾਰ ਆਪ ਹੀ (ਜੀਵਾਂ ਵਿਚ ਵਿਆਪਕ ਹੋ ਕੇ ਸਭ ਕੁਝ) ਕਰ ਰਿਹਾ ਹੈ ਤੇ (ਜੀਵਾਂ ਪਾਸੋਂ) ਕਰਾ ਰਿਹਾ ਹੈ।
45106	1053	ਸਚੀ ਬਾਣੀ ਸਚੁ ਦ੍ਰਿੜਾਏ॥		Sachee Baanee Sach Dhrirraaeae ||	Through the True Word of His Bani, Truth is implanted deep within.	(ਜਿਸ ਉਤੇ ਮਿਹਰ ਕਰਦਾ ਹੈ) ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ (ਉਸ ਦੇ ਹਿਰਦੇ ਵਿਚ) ਸਦਾ-ਥਿਰ ਹਰਿ-ਨਾਮ ਪੱਕਾ ਕਰ ਦੇਂਦਾ ਹੈ।
45107	1053	ਨਾਨਕ ਨਾਮੁ ਮਿਲੈ ਵਡਿਆਈ ਜੁਗਿ ਜੁਗਿ ਏਕੋ ਜਾਤਾ ਹੇ॥੧੬॥੯॥		Naanak Naam Milai Vaddiaaee Jug Jug Eaeko Jaathaa Hae ||16||9||	O Nanak, through the Naam, one is blessed with glorious greatness, and throughout the ages, the One Lord is known. ||16||9||	ਹੇ ਨਾਨਕ! ਜਿਸ ਮਨੁੱਖ ਨੂੰ ਪ੍ਰਭੂ ਦਾ ਨਾਮ ਮਿਲ ਜਾਂਦਾ ਹੈ ਉਸ ਨੂੰ (ਲੋਕ ਪਰਲੋਕ ਦੀ) ਇੱਜ਼ਤ ਮਿਲ ਜਾਂਦੀ ਹੈ। ਉਹ ਮਨੁੱਖ ਹਰੇਕ ਜੁਗ ਵਿਚ ਇਕ ਪਰਮਾਤਮਾ ਨੂੰ ਹੀ ਵਿਆਪਕ ਸਮਝਦਾ ਹੈ ॥੧੬॥੯॥

45108	1053	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
45109	1053	ਸੋ ਸਚੁ ਸੇਵਿਹੁ ਸਿਰਜਣਹਾਰਾ॥		So Sach Saevihu Sirajanehaaraa ||	Serve the True Creator Lord.	ਉਸ ਸਦਾ ਕਾਇਮ ਰਹਿਣ ਵਾਲੇ ਕਰਤਾਰ ਦਾ ਸਿਮਰਨ ਕਰਿਆ ਕਰੋ,
45110	1053	ਸਬਦੇ ਦੂਖ ਨਿਵਾਰਣਹਾਰਾ॥		Sabadhae Dhookh Nivaaranehaaraa ||	The Word of the Shabad is the Destroyer of pain.	ਉਹ ਗੁਰੂ ਦੇ ਸ਼ਬਦ ਵਿਚ ਜੋੜ ਕੇ (ਜੀਵਾਂ ਦੇ ਸਾਰੇ) ਦੁੱਖ ਦੂਰ ਕਰਨ ਦੀ ਸਮਰਥਾ ਵਾਲਾ ਹੈ।
45111	1053	ਅਗਮੁ ਅਗੋਚਰੁ ਕੀਮਤਿ ਨਹੀ ਪਾਈ ਆਪੇ ਅਗਮ ਅਥਾਹਾ ਹੇ॥੧॥		Agam Agochar Keemath Nehee Paaee Aapae Agam Athhaahaa Hae ||1||	He is inaccessible and unfathomable; He cannot be evaluated. He Himself is inaccessible and immeasurable. ||1||	ਉਹ ਅਪਹੁੰਚ ਅਗੋਚਰ ਤੇ ਅਥਾਹ ਪ੍ਰਭੂ (ਆਪਣੇ ਵਰਗਾ) ਆਪ ਹੀ ਹੈ, ਉਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ ॥੧॥
45112	1053	ਆਪੇ ਸਚਾ ਸਚੁ ਵਰਤਾਏ॥		Aapae Sachaa Sach Varathaaeae ||	The True Lord Himself makes Truth pervasive.	ਉਹ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪ ਹੀ ਆਪਣਾ ਅਟੱਲ ਹੁਕਮ ਵਰਤਾ ਰਿਹਾ ਹੈ।
45113	1053	ਇਕਿ ਜਨ ਸਾਚੈ ਆਪੇ ਲਾਏ॥		Eik Jan Saachai Aapae Laaeae ||	He attaches some humble beings to the Truth.	ਕਈ ਭਗਤ-ਜਨ ਐਸੇ ਹਨ ਜਿਨ੍ਹਾਂ ਨੂੰ ਉਸ ਸਦਾ-ਥਿਰ ਕਰਤਾਰ ਨੇ ਆਪ ਹੀ ਆਪਣੇ ਚਰਨਾਂ ਵਿਚ ਜੋੜ ਰੱਖਿਆ ਹੈ।

45114	1053	ਸਾਚੋ ਸੇਵਹਿ ਸਾਚੁ ਕਮਾਵਹਿ ਨਾਮੇ ਸਚਿ ਸਮਾਹਾ ਹੇ॥੨॥		Saacho Saevehi Saach Kamaavehi Naamae Sach Samaahaa Hae ||2||	They serve the True Lord and practice Truth; through the Name, they are absorbed in the True Lord. ||2||	ਉਹ ਭਗਤ-ਜਨ ਸਦਾ-ਥਿਰ ਦਾ ਹੀ ਸਿਮਰਨ ਕਰਦੇ ਰਹਿੰਦੇ ਹਨ, ਸਦਾ-ਥਿਰ ਨਾਮ (ਸਿਮਰਨ) ਦੀ ਕਮਾਈ ਕਰਦੇ ਹਨ, ਨਾਮ (ਸਿਮਰਨ ਦੀ ਬਰਕਤਿ) ਨਾਲ ਉਹ ਉਸ ਸਦਾ-ਥਿਰ ਪਰਮਾਤਮਾ ਵਿਚ ਲੀਨ ਰਹਿੰਦੇ ਹਨ ॥੨॥
45115	1053	ਧੁਰਿ ਭਗਤਾ ਮੇਲੇ ਆਪਿ ਮਿਲਾਏ॥	ਭਗਤਾਂ	Dhhur Bhagathaa Maelae Aap Milaaeae ||	The Primal Lord unites His devotees in His Union.	ਧੁਰ ਦਰਗਾਹ ਤੋਂ ਭਗਤਾਂ ਨੂੰ ਪ੍ਰਭੂ ਆਪ ਹੀ ਆਪਣੇ ਨਾਲ ਮਿਲਾਂਦਾ ਹੈ,
45116	1053	ਸਚੀ ਭਗਤੀ ਆਪੇ ਲਾਏ॥		Sachee Bhagathee Aapae Laaeae ||	He attaches them to true devotional worship.	ਆਪ ਹੀ ਉਹਨਾਂ ਨੂੰ ਆਪਣੀ ਸੱਚੀ ਭਗਤੀ ਵਿਚ ਜੋੜਦਾ ਹੈ।
45117	1053	ਸਾਚੀ ਬਾਣੀ ਸਦਾ ਗੁਣ ਗਾਵੈ ਇਸੁ ਜਨਮੈ ਕਾ ਲਾਹਾ ਹੇ॥੩॥		Saachee Baanee Sadhaa Gun Gaavai Eis Janamai Kaa Laahaa Hae ||3||	One who sings forever the Glorious Praises of the Lord, through the True Word of His Bani, earns the profit of this life. ||3||	(ਉਸ ਦੀ ਆਪਣੀ ਮਿਹਰ ਨਾਲ ਹੀ ਮਨੁੱਖ) ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ ਸਦਾ ਉਸ ਦੇ ਗੁਣ ਗਾਂਦਾ ਹੈ-ਇਹ ਸਿਫ਼ਤ-ਸਾਲਾਹ ਹੀ ਇਸ ਮਨੁੱਖਾ ਜਨਮ ਦੀ ਖੱਟੀ ਹੈ ॥੩॥
45118	1053	ਗੁਰਮੁਖਿ ਵਣਜੁ ਕਰਹਿ ਪਰੁ ਆਪੁ ਪਛਾਣਹਿ॥	ਪਛਾਣ-ਹਿ	Guramukh Vanaj Karehi Par Aap Pashhaanehi ||	The Gurmukh trades, and understands his own self.	ਜਿਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ ਉਹ (ਨਾਮ ਜਪਣ ਦਾ) ਵਣਜ ਕਰਦੇ ਰਹਿੰਦੇ ਹਨ, (ਇਸ ਤਰ੍ਹਾਂ ਕਿਸੇ) ਪਰਾਏ ਨੂੰ ਤੇ ਕਿਸੇ ਆਪਣੇ ਨੂੰ (ਇਉਂ) ਪਛਾਣਦੇ ਹਨ,

45119	1053	ੲੇਕਸ ਬਿਨੁ ਕੋ ਅਵਰੁ ਨ ਜਾਣਹਿ॥		Eaekas Bin Ko Avar N Jaanehi ||	He knows no other than the One Lord.	(ਕਿ ਇਹਨਾਂ ਵਿਚ) ਇਕ ਪਰਮਾਤਮਾ ਤੋਂ ਬਿਨਾ ਕੋਈ ਹੋਰ ਦੂਜਾ ਵੱਸਦਾ ਉਹ ਨਹੀਂ ਜਾਣਦੇ।
45120	1053	ਸਚਾ ਸਾਹੁ ਸਚੇ ਵਣਜਾਰੇ ਪੂੰਜੀ ਨਾਮੁ ਵਿਸਾਹਾ ਹੇ॥੪॥		Sachaa Saahu Sachae Vanajaarae Poonjee Naam Visaahaa Hae ||4||	True is the banker, and True are His traders, who buy the merchandise of the Naam. ||4||	(ਉਹ ਸਮਝਦੇ ਹਨ ਕਿ ਸਭਨਾਂ ਨੂੰ ਆਤਮਕ ਜੀਵਨ ਦੀ ਪੂੰਜੀ ਦੇਣ ਵਾਲਾ) ਸ਼ਾਹ-ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ, ਜੀਵ ਉਸ ਦੇ ਸਦਾ-ਥਿਰ ਨਾਮ ਦਾ ਵਣਜ ਕਰਨ ਵਾਲੇ ਹਨ, (ਪਰਮਾਤਮਾ ਪਾਸੋਂ) ਪੂੰਜੀ (ਲੈ ਕੇ ਉਸ ਦਾ) ਨਾਮ-ਸੌਦਾ ਖ਼ਰੀਦਦੇ ਹਨ ॥੪॥
45121	1053	ਆਪੇ ਸਾਜੇ ਸ੍ਰਿਸਟਿ ਉਪਾਏ॥		Aapae Saajae Srisatt Oupaaeae ||	He Himself fashions and creates the Universe.	ਪਰਮਾਤਮਾ ਆਪ ਹੀ (ਜੀਵਾਂ ਨੂੰ) ਪੈਦਾ ਕਰਦਾ ਹੈ, ਆਪ ਹੀ ਸ੍ਰਿਸ਼ਟੀ ਰਚਦਾ ਹੈ।
45122	1053	ਵਿਰਲੇ ਕਉ ਗੁਰ ਸਬਦੁ ਬੁਝਾਏ॥		Viralae Ko Gur Sabadh Bujhaaeae ||	He inspires a few to realize the Word of the Guru's Shabad.	(ਕਿਸੇ) ਵਿਰਲੇ (ਭਾਗਾਂ ਵਾਲੇ) ਨੂੰ ਗੁਰੂ ਦੇ ਸ਼ਬਦ ਦੀ ਸੂਝ ਭੀ ਆਪ ਹੀ ਬਖ਼ਸ਼ਦਾ ਹੈ।
45123	1053	ਸਤਿਗੁਰੁ ਸੇਵਹਿ ਸੇ ਜਨ ਸਾਚੇ ਕਾਟੇ ਜਮ ਕਾ ਫਾਹਾ ਹੇ॥੫॥		Sathigur Saevehi Sae Jan Saachae Kaattae Jam Kaa Faahaa Hae ||5||	Those humble beings who serve the True Guru are true. He snaps the noose of death from around their necks. ||5||	(ਉਸ ਦੀ ਮਿਹਰ ਨਾਲ ਜਿਹੜੇ ਮਨੁੱਖ) ਗੁਰੂ ਦੀ ਸਰਨ ਪੈਂਦੇ ਹਨ, ਉਹ ਅਡੋਲ ਜੀਵਨ ਵਾਲੇ ਹੋ ਜਾਂਦੇ ਹਨ, ਪਰਮਾਤਮਾ ਆਪ ਹੀ ਉਹਨਾਂ ਦੀ ਜਮ (ਆਤਮਕ ਮੌਤ) ਦੀ ਫਾਹੀ ਕੱਟਦਾ ਹੈ ॥੫॥

45124	1053	ਭੰਨੈ ਘੜੇ ਸਵਾਰੇ ਸਾਜੇ॥		Bhannai Gharrae Savaarae Saajae ||	He destroys, creates, embellishes and fashions all beings,	(ਜੀਵਾਂ ਦੇ ਸਰੀਰ-ਭਾਂਡੇ) ਘੜ ਕੇ (ਆਪ ਹੀ) ਭੰਨਦਾ ਹੈ, ਆਪ ਹੀ ਪੈਦਾ ਕਰਦਾ ਤੇ ਸੰਵਾਰਦਾ ਹੈ।
45125	1053	ਮਾਇਆ ਮੋਹਿ ਦੂਜੈ ਜੰਤ ਪਾਜੇ॥		Maaeiaa Mohi Dhoojai Janth Paajae ||	And attaches them to duality, attachment and Maya.	ਮਾਇਆ ਦੇ ਮੋਹ ਵਿਚ, ਮੇਰ-ਤੇਰ ਵਿਚ ਭੀ ਜੀਵ (ਉਸ ਨੇ ਆਪ ਹੀ) ਪਾਏ ਹੋਏ ਹਨ।
45126	1053	ਮਨਮੁਖ ਫਿਰਹਿ ਸਦਾ ਅੰਧੁ ਕਮਾਵਹਿ ਜਮ ਕਾ ਜੇਵੜਾ ਗਲਿ ਫਾਹਾ ਹੇ॥੬॥	ਗਲਿ: ਪੋਲਾ ਬੋਲੋ	Manamukh Firehi Sadhaa Andhh Kamaavehi Jam Kaa Jaevarraa Gal Faahaa Hae ||6||	The self-willed manmukhs wander around forever, acting blindly. Death has strung his noose around their necks. ||6||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਮੋਹ ਵਿਚ) ਭਟਕਦੇ ਫਿਰਦੇ ਹਨ, ਸਦਾ ਅੰਨ੍ਹਿਆਂ ਵਾਲਾ ਕੰਮ ਕਰਦੇ ਰਹਿੰਦੇ ਹਨ, ਉਹਨਾਂ ਦੇ ਗਲ ਵਿਚ ਆਤਮਕ ਮੌਤ ਦੀ ਰੱਸੀ ਫਾਹੀ ਪਈ ਰਹਿੰਦੀ ਹੈ ॥੬॥
45127	1053	ਆਪੇ ਬਖਸੇ ਗੁਰ ਸੇਵਾ ਲਾਏ॥		Aapae Bakhasae Gur Saevaa Laaeae ||	He Himself forgives, and enjoins us to serve the Guru.	ਪ੍ਰਭੂ ਆਪ (ਜਿਨ੍ਹਾਂ ਉੱਤੇ) ਬਖ਼ਸ਼ਸ਼ ਕਰਦਾ ਹੈ (ਉਹਨਾਂ ਨੂੰ) ਗੁਰੂ ਦੀ ਸੇਵਾ ਵਿਚ ਜੋੜਦਾ ਹੈ,
45128	1053	ਗੁਰਮਤੀ ਨਾਮੁ ਮੰਨਿ ਵਸਾਏ॥		Guramathee Naam Mann Vasaaeae ||	Through the Guru's Teachings, the Naam comes to dwell within the mind.	ਗੁਰੂ ਦੀ ਮੱਤ ਦੇ ਕੇ (ਆਪਣਾ) ਨਾਮ (ਉਹਨਾਂ ਦੇ) ਮਨ ਵਿਚ ਵਸਾਂਦਾ ਹੈ।

45129	1053	ਅਨ ਦਿਨੁ ਨਾਮੁ ਧਿਆਏ ਸਾਚਾ ਇਸੁ ਜਗ ਮਹਿ ਨਾਮੋ ਲਾਹਾ ਹੇ॥੭॥		Anadhin Naam Dhhiaaeae Saachaa Eis Jag Mehi Naamo Laahaa Hae ||7||	Night and day, meditate on the Naam, the Name of the True Lord, and earn the profit of the Naam in this world. ||7||	ਜਿਹੜਾ ਮਨੁੱਖ ਹਰ ਵੇਲੇ ਹਰਿ-ਨਾਮ ਸਿਮਰਦਾ ਹੈ, ਉਹ ਅਡੋਲ ਜੀਵਨ ਵਾਲਾ ਹੋ ਜਾਂਦਾ ਹੈ। ਪਰਮਾਤਮਾ ਦਾ ਨਾਮ ਹੀ ਇਸ ਜਗਤ ਵਿਚ ਖੱਟੀ ਹੈ ॥੭॥
45130	1053	ਆਪੇ ਸਚਾ ਸਚੀ ਨਾਈ॥		Aapae Sachaa Sachee Naaee ||	He Himself is True, and True is His Name.	ਪ੍ਰਭੂ ਆਪ ਹੀ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੀ ਵਡਿਆਈ ਭੀ ਸਦਾ ਕਾਇਮ ਰਹਿਣ ਵਾਲੀ ਹੈ।
45131	1053	ਗੁਰਮੁਖਿ ਦੇਵੈ ਮੰਨਿ ਵਸਾਈ॥		Guramukh Dhaevai Mann Vasaaee ||	The Gurmukh bestows it, and enshrines it within the mind.	ਗੁਰੂ ਦੇ ਸਨਮੁਖ ਰੱਖ ਕੇ (ਜੀਵ ਨੂੰ ਆਪਣੀ ਵਡਿਆਈ) ਦੇਂਦਾ ਹੈ (ਜੀਵ ਦੇ) ਮਨ ਵਿਚ ਵਸਾਂਦਾ ਹੈ।
45132	1053	ਜਿਨ ਮਨਿ ਵਸਿਆ ਸੇ ਜਨ ਸੋਹਹਿ ਤਿਨ ਸਿਰਿ ਚੂਕਾ ਕਾਹਾ ਹੇ॥੮॥		Jin Man Vasiaa Sae Jan Sohehi Thin Sir Chookaa Kaahaa Hae ||8||	Noble and exalted are those, within whose mind the Lord abides. Their heads are free of strife. ||8||	ਜਿਨ੍ਹਾਂ ਦੇ ਮਨ ਵਿਚ (ਪਰਮਾਤਮਾ ਦਾ ਨਾਮ) ਆ ਵੱਸਦਾ ਹੈ, ਉਹ ਮਨੁੱਖ (ਲੋਕ ਪਰਲੋਕ ਵਿਚ) ਸੋਭਦੇ ਹਨ, ਉਹਨਾਂ ਦੇ ਸਿਰ ਉੱਤੇ (ਪਿਆ) ਭਾਰਾ ਮੁੱਕ ਜਾਂਦਾ ਹੈ ॥੮॥
45133	1053	ਅਗਮ ਅਗੋਚਰੁ ਕੀਮਤਿ ਨਹੀ ਪਾਈ॥		Agam Agochar Keemath Nehee Paaee ||	He is inaccessible and unfathomable; His value cannot be appraised.	ਪਰਮਾਤਮਾ ਅਪਹੁੰਚ ਹੈ, ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਉਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ (ਕਿਸੇ ਦੁਨਿਆਵੀ ਪਦਾਰਥ ਦੇ ਵੱਟੇ ਨਹੀਂ ਮਿਲ ਸਕਦਾ)।

45134	1053	ਗੁਰ ਪਰਸਾਦੀ ਮੰਨਿ ਵਸਾਈ॥		Gur Parasaadhee Mann Vasaaee ||	By Guru's Grace, He dwells within the mind.	ਮੈਂ ਤਾਂ ਉਸ ਨੂੰ ਗੁਰੂ ਦੀ ਕਿਰਪਾ ਨਾਲ (ਆਪਣੇ) ਮਨ ਵਿਚ ਵਸਾਂਦਾ ਹਾਂ।
45135	1053	ਸਦਾ ਸਬਦਿ ਸਾਲਾਹੀ ਗੁਣਦਾਤਾ ਲੇਖਾ ਕੋਇ ਨ ਮੰਗੈ ਤਾਹਾ ਹੇ॥੯॥		Sadhaa Sabadh Saalaahee Gunadhaathaa Laekhaa Koe N Mangai Thaahaa Hae ||9||	No one calls that person to account, who praises the Word of the Shabad, the Giver of virtue. ||9||	ਗੁਰੂ ਦੇ ਸ਼ਬਦ ਦੀ ਰਾਹੀਂ ਮੈਂ ਸਦਾ ਉਸ ਗੁਣਾਂ ਦੇ ਦਾਤੇ ਦੀ ਸਿਫ਼ਤ-ਸਾਲਾਹ ਕਰਦਾ ਹਾਂ। (ਜਿਹੜਾ ਉਸ ਗੁਣ-ਦਾਤੇ ਦੀ ਸਿਫ਼ਤ-ਸਾਲਾਹ ਕਰਦਾ ਹੈ) ਉਸ (ਦੇ ਕਰਮਾਂ ਦਾ) ਲੇਖਾ ਕੋਈ ਨਹੀਂ ਮੰਗਦਾ ॥੯॥
45136	1053	ਬ੍ਰਹਮਾ ਬਿਸਨੁ ਰੁਦ੍ਰੁ ਤਿਸ ਕੀ ਸੇਵਾ॥		Brehamaa Bisan Rudhra This Kee Saevaa ||	Brahma, Vishnu and Shiva serve Him.	ਬ੍ਰਹਮਾ ਵਿਸ਼ਨੂ ਸ਼ਿਵ (ਇਹ ਸਾਰੇ) ਉਸ (ਪਰਮਾਤਮਾ) ਦੀ ਹੀ ਸਰਨ ਵਿਚ ਰਹਿੰਦੇ ਹਨ।
45137	1053	ਅੰਤੁ ਨ ਪਾਵਹਿ ਅਲਖ ਅਭੇਵਾ॥	ਅ-ਲਖ	Anth N Paavehi Alakh Abhaevaa ||	Even they cannot find the limits of the unseen, unknowable Lord.	(ਇਹ ਵੱਡੇ ਵੱਡੇ ਦੇਵਤੇ ਭੀ ਉਸ) ਅਲੱਖ ਅਤੇ ਅਭੇਵ ਪਰਮਾਤਮਾ (ਦੇ ਗੁਣਾਂ) ਦਾ ਅੰਤ ਨਹੀਂ ਪਾ ਸਕਦੇ।
45138	1053	ਜਿਨ ਕਉ ਨਦਰਿ ਕਰਹਿ ਤੂ ਅਪਣੀ ਗੁਰਮੁਖਿ ਅਲਖੁ ਲਖਾਹਾ ਹੇ॥੧੦॥		Jin Ko Nadhar Karehi Thoo Apanee Guramukh Alakh Lakhaahaa Hae ||10||	Those who are blessed by Your Glance of Grace, become Gurmukh, and comprehend the incomprehensible. ||10||	ਹੇ ਪ੍ਰਭੂ! ਜਿਨ੍ਹਾਂ ਉਤੇ ਤੂੰ ਆਪਣੀ ਮਿਹਰ ਦੀ ਨਿਗਾਹ ਕਰਦਾ ਹੈਂ ਉਹਨਾਂ ਨੂੰ ਗੁਰੂ ਦੀ ਸਰਨ ਪਾ ਕੇ ਤੂੰ ਆਪਣਾ ਅਲੱਖ ਸਰੂਪ ਸਮਝਾ ਦੇਂਦਾ ਹੈ ॥੧੦॥
45139	1054	ਪੂਰੈ ਸਤਿਗੁਰਿ ਸੋਝੀ ਪਾਈ॥		Poorai Sathigur Sojhee Paaee ||	The Perfect True Guru has imparted this understanding.	ਪੂਰੇ ਸਤਿਗੁਰੂ ਨੇ (ਮੈਨੂੰ ਆਤਮਕ ਜੀਵਨ ਦੀ) ਸਮਝ ਬਖ਼ਸ਼ੀ ਹੈ,

45140	1054	ਏਕੋ ਨਾਮੁ ਮੰਨਿ ਵਸਾਈ॥		Eaeko Naam Mann Vasaaee ||	I have enshrined the Naam, the One Name, within my mind.	ਹੁਣ ਮੈਂ ਪਰਮਾਤਮਾ ਦਾ ਹੀ ਨਾਮ ਆਪਣੇ ਮਨ ਵਿਚ ਵਸਾਂਦਾ ਹਾਂ।
45141	1054	ਨਾਮੁ ਜਪੀ ਤੈ ਨਾਮੁ ਧਿਆਈ ਮਹਲੁ ਪਾਇ ਗੁਣ ਗਾਹਾ ਹੇ॥੧੧॥		Naam Japee Thai Naam Dhhiaaee Mehal Paae Gun Gaahaa Hae ||11||	I chant the Naam, and meditate on the Naam. Singing His Glorious Praises, I enter the Mansion of the Lord's Presence. ||11||	ਮੈਂ ਪਰਮਾਤਮਾ ਦਾ ਨਾਮ ਜਪਦਾ ਹਾਂ, ਅਤੇ ਉਸ ਦਾ ਨਾਮ ਧਿਆਉਂਦਾ ਹਾਂ, (ਨਾਮ ਦੀ ਬਰਕਤਿ ਨਾਲ ਪ੍ਰਭੂ-ਚਰਨਾਂ ਵਿਚ) ਟਿਕਾਣਾ ਪ੍ਰਾਪਤ ਕਰ ਕੇ ਮੈਂ ਉਸ ਦੇ ਗੁਣਾਂ ਵਿਚ ਚੁੱਭੀ ਲਾ ਰਿਹਾ ਹਾਂ ॥੧੧॥
45142	1054	ਸੇਵਕ ਸੇਵਹਿ ਮੰਨਿ ਹੁਕਮੁ ਅਪਾਰਾ॥		Saevak Saevehi Mann Hukam Apaaraa ||	The servant serves, and obeys the Command of the Infinite Lord.	ਪਰਮਾਤਮਾ ਦੇ ਭਗਤ ਤਾਂ ਉਸ ਬੇਅੰਤ ਪ੍ਰਭੂ ਦਾ ਹੁਕਮ ਮੰਨ ਕੇ ਉਸ ਦੀ ਸੇਵਾ-ਭਗਤੀ ਕਰਦੇ ਹਨ,
45143	1054	ਮਨਮੁਖ ਹੁਕਮੁ ਨ ਜਾਣਹਿ ਸਾਰਾ॥		Manamukh Hukam N Jaanehi Saaraa ||	The self-willed manmukhs do not know the value of the Lord's Command.	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਉਸ ਦੇ ਹੁਕਮ ਦੀ ਕਦਰ ਨਹੀਂ ਸਮਝਦੇ।
45144	1054	ਹੁਕਮੇ ਮੰਨੇ ਹੁਕਮੇ ਵਡਿਆਈ ਹੁਕਮੇ ਵੇਪਰਵਾਹਾ ਹੇ॥੧੨॥		Hukamae Mannae Hukamae Vaddiaaee Hukamae Vaeparavaahaa Hae ||12||	By the Hukam of the Lord's Command, one is exalted; by His Hukam, one is glorified; by His Hukam, one becomes carefree. ||12||	ਜਿਹੜਾ ਮਨੁੱਖ ਪਰਮਾਤਮਾ ਦੇ ਹੁਕਮ ਨੂੰ ਮੰਨਦਾ ਹੈ, ਉਹ ਪ੍ਰਭੂ ਹੁਕਮ (ਮੰਨਣ) ਦੀ ਰਾਹੀਂ (ਲੋਕ ਪਰਲੋਕ ਦੀ) ਵਡਿਆਈ ਪ੍ਰਾਪਤ ਕਰਦਾ ਹੈ, ਉਹ ਵੇਪਰਵਾਹ ਪ੍ਰਭੂ ਦੇ ਹੁਕਮ ਵਿਚ ਹੀ ਲੀਨ ਰਹਿੰਦਾ ਹੈ ॥੧੨॥

45145	1054	ਗੁਰ ਪਰਸਾਦੀ ਹੁਕਮੁ ਪਛਾਣੈ॥		Gur Parasaadhee Hukam Pashhaanai ||	By Guru's Grace, one recognizes the Lord's Hukam.	ਜਿਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੀ ਰਜ਼ਾ ਨੂੰ ਪਛਾਣਦਾ ਹੈ,
45146	1054	ਧਾਵਤੁ ਰਾਖੈ ਇਕਤੁ ਘਰਿ ਆਣੈ॥		Dhhaavath Raakhai Eikath Ghar Aanai ||	The wandering mind is restrained, and brought back to the home of the One Lord.	ਉਹ ਆਪਣੇ ਭਟਕਦੇ ਮਨ ਨੂੰ ਰੋਕ ਰੱਖਦਾ ਹੈ, ਉਹ (ਆਪਣੇ ਮਨ ਨੂੰ) ਇੱਕ ਘਰ ਵਿਚ ਹੀ ਲੈ ਆਉਂਦਾ ਹੈ।
45147	1054	ਨਾਮੇ ਰਾਤਾ ਸਦਾ ਬੈਰਾਗੀ ਨਾਮੁ ਰਤਨੁ ਮਨਿ ਤਾਹਾ ਹੇ॥੧੩॥		Naamae Raathaa Sadhaa Bairaagee Naam Rathan Man Thaahaa Hae ||13||	Imbued with the Naam, one remains forever detached; the jewel of the Naam rests within the mind. ||13||	ਉਹ ਮਨੁੱਖ ਹਰਿ-ਨਾਮ ਵਿਚ ਰੰਗਿਆ ਰਹਿੰਦਾ ਹੈ, ਉਹ (ਵਿਕਾਰਾਂ ਤੋਂ) ਸਦਾ ਨਿਰਲੇਪ ਰਹਿੰਦਾ ਹੈ, ਪਰਮਾਤਮਾ ਦਾ ਰਤਨ-ਨਾਮ ਉਸ ਦੇ ਮਨ ਵਿਚ ਵੱਸਿਆ ਰਹਿੰਦਾ ਹੈ ॥੧੩॥
45148	1054	ਸਭ ਜਗ ਮਹਿ ਵਰਤੈ ਏਕੋ ਸੋਈ॥		Sabh Jag Mehi Varathai Eaeko Soee ||	The One Lord is pervasive throughout all the world.	ਸਾਰੇ ਜਗਤ ਵਿਚ ਇਕ ਪਰਮਾਤਮਾ ਹੀ ਵੱਸਦਾ ਹੈ,
45149	1054	ਗੁਰ ਪਰਸਾਦੀ ਪਰਗਟੁ ਹੋਈ॥		Gur Parasaadhee Paragatt Hoee ||	By Guru's Grace, He is revealed.	ਪਰ ਉਹ ਗੁਰੂ ਦੀ ਕਿਰਪਾ ਨਾਲ ਦਿੱਸਦਾ ਹੈ।
45150	1054	ਸਬਦੁ ਸਲਾਹਹਿ ਸੇ ਜਨ ਨਿਰਮਲ ਨਿਜ ਘਰਿ ਵਾਸਾ ਤਾਹਾ ਹੇ॥੧੪॥	ਸਲਾ-ਹਹਿ	Sabadh Salaahehi Sae Jan Niramal Nij Ghar Vaasaa Thaahaa Hae ||14||	Those humble beings who praise the Shabad are immaculate; they dwell within the home of their own inner self. ||14||	ਜਿਹੜੇ ਮਨੁੱਖ ਗੁਰੂ ਦੇ ਸ਼ਬਦ ਨੂੰ (ਹਿਰਦੇ ਵਿਚ ਵਸਾ ਕੇ ਪਰਮਾਤਮਾ ਦੀ) ਸਿਫ਼ਤ-ਸਾਲਾਹ ਕਰਦੇ ਹਨ, ਉਹ ਪਵਿੱਤਰ ਜੀਵਨ ਵਾਲੇ ਬਣ ਜਾਂਦੇ ਹਨ, ਉਹਨਾਂ ਦਾ ਨਿਵਾਸ ਸਦਾ ਸ੍ਵੈ-ਸਰੂਪ ਵਿਚ ਹੋਇਆ ਰਹਿੰਦਾ ਹੈ ॥੧੪॥

45151	1054	ਸਦਾ ਭਗਤ ਤੇਰੀ ਸਰਣਾਈ॥		Sadhaa Bhagath Thaeree Saranaaee ||	The devotees abide forever in Your Sanctuary, Lord.	ਹੇ ਪ੍ਰਭੂ! ਤੇਰੇ ਭਗਤ ਸਦਾ ਤੇਰੀ ਸਰਨ ਵਿਚ ਰਹਿੰਦੇ ਹਨ।
45152	1054	ਅਗਮ ਅਗੋਚਰ ਕੀਮਤਿ ਨਹੀ ਪਾਈ॥		Agam Agochar Keemath Nehee Paaee ||	You are inaccessible and unfathomable; Your value cannot be estimated.	ਹੇ ਪ੍ਰਭੂ! ਹੇ ਅਪਹੁੰਚ ਤੇ ਅਗੋਚਰ! ਕੋਈ ਤੇਰਾ ਮੁੱਲ ਨਹੀਂ ਪਾ ਸਕਦਾ (ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਤੂੰ ਮਿਲ ਨਹੀਂ ਸਕਦਾ)।
45153	1054	ਜਿਉ ਤੁਧੁ ਭਾਵਹਿ ਤਿਉ ਤੂ ਰਾਖਹਿ ਗੁਰਮੁਖਿ ਨਾਮੁ ਧਿਆਹਾ ਹੇ॥੧੫॥		Jio Thudhh Bhaavehi Thio Thoo Raakhehi Guramukh Naam Dhhiaahaa Hae ||15||	As it pleases Your Will, You keep us; the Gurmukh meditates on the Naam. ||15||	ਹੇ ਪ੍ਰਭੂ! ਤੂੰ (ਆਪਣੇ ਭਗਤਾਂ ਨੂੰ) ਉਵੇਂ ਹੀ ਰੱਖਦਾ ਹੈਂ, ਜਿਵੇਂ ਉਹ ਤੈਨੂੰ ਪਿਆਰੇ ਲੱਗਦੇ ਹਨ। (ਤੇਰੇ ਭਗਤ) ਗੁਰੂ ਦੀ ਸਰਨ ਪੈ ਕੇ ਤੇਰਾ ਨਾਮ ਧਿਆਉਂਦੇ ਹਨ ॥੧੫॥
45154	1054	ਸਦਾ ਸਦਾ ਤੇਰੇ ਗੁਣ ਗਾਵਾ॥		Sadhaa Sadhaa Thaerae Gun Gaavaa ||	Forever and ever, I sing Your Glorious Praises.	ਹੇ ਪ੍ਰਭੂ! (ਮਿਹਰ ਕਰ) ਮੈਂ ਸਦਾ ਤੇਰੇ ਗੁਣ ਗਾਂਦਾ ਰਹਾਂ,
45155	1054	ਸਚੇ ਸਾਹਿਬ ਤੇਰੈ ਮਨਿ ਭਾਵਾ॥		Sachae Saahib Thaerai Man Bhaavaa ||	O my True Lord and Master, may I become pleasing to Your Mind.	ਤਾਂ ਕਿ, ਹੇ ਸਦਾ-ਥਿਰ ਮਾਲਕ! ਮੈਂ ਤੇਰੇ ਮਨ ਵਿਚ ਪਿਆਰਾ ਲੱਗਦਾ ਰਹਾਂ।
45156	1054	ਨਾਨਕੁ ਸਾਚੁ ਕਹੈ ਬੇਨੰਤੀ ਸਚੁ ਦੇਵਹੁ ਸਚਿ ਸਮਾਹਾ ਹੇ॥੧੬॥੧॥੧੦॥		Naanak Saach Kehai Baenanthee Sach Dhaevahu Sach Samaahaa Hae ||16||1||10||	Nanak offers this true prayer: O Lord, please bless me with Truth, that I may merge in the Truth. ||16||1||10||	(ਤੇਰਾ ਦਾਸ) ਨਾਨਕ (ਤੇਰੇ ਅੱਗੇ) ਬੇਨਤੀ ਕਰਦਾ ਹੈ, ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਮੈਨੂੰ ਆਪਣਾ ਸਦਾ-ਥਿਰ ਨਾਮ ਦੇਹ, ਮੈਂ ਤੇਰੇ ਸਦਾ-ਥਿਰ ਨਾਮ ਵਿਚ ਲੀਨ ਹੋਇਆ ਰਹਾਂ ॥੧੬॥੧॥੧੦॥

45157	1054	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
45158	1054	ਸਤਿਗੁਰੁ ਸੇਵਨਿ ਸੇ ਵਡਭਾਗੀ॥		Sathigur Saevan Sae Vaddabhaagee ||	Those who serve the True Guru are very fortunate.	ਜਿਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ ਵੱਡੇ ਭਾਗਾਂ ਵਾਲੇ ਹਨ;
45159	1054	ਅਨ ਦਿਨੁ ਸਾਚਿ ਨਾਮਿ ਲਿਵ ਲਾਗੀ॥		Anadhin Saach Naam Liv Laagee ||	Night and day, they remain lovingly attuned to the True Name.	ਸਦਾ-ਥਿਰ ਹਰਿ-ਨਾਮ ਵਿਚ ਉਹਨਾਂ ਦੀ ਲਗਨ ਹਰ ਵੇਲੇ ਲੱਗੀ ਰਹਿੰਦੀ ਹੈ।
45160	1054	ਸਦਾ ਸੁਖਦਾਤਾ ਰਵਿਆ ਘਟ ਅੰਤਰਿ ਸਬਦਿ ਸਚੈ ਓਮਾਹਾ ਹੇ॥੧॥		Sadhaa Sukhadhaathaa Raviaa Ghatt Anthar Sabadh Sachai Oumaahaa Hae ||1||	The Lord, the Giver of peace, abides forever deep within their hearts; they delight in the True Word of the Shabad. ||1||	ਸਾਰੇ ਸੁਖਾਂ ਦਾ ਦਾਤਾ ਪਰਮਾਤਮਾ ਹਰ ਵੇਲੇ ਉਹਨਾਂ ਦੇ ਹਿਰਦੇ ਵਿਚ ਵੱਸਿਆ ਰਹਿੰਦਾ ਹੈ। ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਦੀ ਰਾਹੀਂ ਉਹਨਾਂ ਦੇ ਅੰਦਰ ਆਤਮਕ ਜੀਵਨ ਦਾ ਹੁਲਾਰਾ ਬਣਿਆ ਰਹਿੰਦਾ ਹੈ ॥੧॥
45161	1054	ਨਦਰਿ ਕਰੇ ਤਾ ਗੁਰੂ ਮਿਲਾਏ॥		Nadhar Karae Thaa Guroo Milaaeae ||	When the Lord grants His Grace, one meets with the Guru.	ਪਰ, ਜਦੋਂ ਪਰਮਾਤਮਾ ਮਿਹਰ ਦੀ ਨਿਗਾਹ ਕਰਦਾ ਹੈ ਤਦੋਂ (ਹੀ) ਗੁਰੂ ਮਿਲਾਂਦਾ ਹੈ,
45162	1054	ਹਰਿ ਕਾ ਨਾਮੁ ਮੰਨਿ ਵਸਾਏ॥		Har Kaa Naam Mann Vasaaeae ||	The Name of the Lord is enshrined within the mind.	(ਗੁਰੂ ਦੇ ਮਿਲਾਪ ਦੀ ਬਰਕਤਿ ਨਾਲ ਉਹ ਮਨੁੱਖ) ਪਰਮਾਤਮਾ ਦਾ ਨਾਮ (ਆਪਣੇ) ਮਨ ਵਿਚ ਵਸਾ ਲੈਂਦਾ ਹੈ।

45163	1054	ਹਰਿ ਮਨਿ ਵਸਿਆ ਸਦਾ ਸੁਖਦਾਤਾ ਸਬਦੇ ਮਨਿ ਓਮਾਹਾ ਹੇ॥੨॥		Har Man Vasiaa Sadhaa Sukhadhaathaa Sabadhae Man Oumaahaa Hae ||2||	The Lord, the Giver of peace, abides forever within the mind; the mind is delighted with the Word of the Shabad. ||2||	ਸਾਰੇ ਸੁਖਾਂ ਦਾ ਦਾਤਾ ਪ੍ਰਭੂ ਉਸ ਦੇ ਮਨ ਵਿਚ ਵੱਸਿਆ ਰਹਿੰਦਾ ਹੈ, ਸ਼ਬਦ ਦੀ ਬਰਕਤਿ ਨਾਲ ਉਸ ਦੇ ਮਨ ਵਿਚ ਜੀਵਨ-ਹੁਲਾਰਾ ਟਿਕਿਆ ਰਹਿੰਦਾ ਹੈ ॥੨॥
45164	1054	ਕ੍ਰਿਪਾ ਕਰੇ ਤਾ ਮੇਲਿ ਮਿਲਾਏ॥		Kirapaa Karae Thaa Mael Milaaeae ||	When the Lord bestows His Mercy, He unites in His Union.	ਜਦੋਂ ਪ੍ਰਭੂ ਕਿਰਪਾ ਕਰਦਾ ਹੈ ਤਦੋਂ (ਜੀਵ ਨੂੰ ਗੁਰੂ ਨਾਲ) ਮਿਲਾ ਕੇ (ਆਪਣੇ ਚਰਨਾਂ ਨਾਲ) ਮਿਲਾ ਲੈਂਦਾ ਹੈ।
45165	1054	ਹਉਮੈ ਮਮਤਾ ਸਬਦਿ ਜਲਾਏ॥		Houmai Mamathaa Sabadh Jalaaeae ||	Egotism and attachment are burned away by the Shabad.	ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਹਉਮੈ ਅਤੇ ਮਮਤਾ ਨੂੰ ਸਾੜ ਲੈਂਦਾ ਹੈ।
45166	1054	ਸਦਾ ਮੁਕਤੁ ਰਹੈ ਇਕ ਰੰਗੀ ਨਾਹੀ ਕਿਸੈ ਨਾਲਿ ਕਾਹਾ ਹੇ॥੩॥		Sadhaa Mukath Rehai Eik Rangee Naahee Kisai Naal Kaahaa Hae ||3||	In the Love of the One Lord, one remains liberated forever; he is not in conflict with anyone. ||3||	ਸਿਰਫ਼ ਪਰਮਾਤਮਾ ਦੇ ਪ੍ਰੇਮ-ਰੰਗ ਦਾ ਸਦਕਾ ਉਹ ਮਨੁੱਖ (ਹਉਮੈ ਮਮਤਾ ਤੋਂ) ਸਦਾ ਆਜ਼ਾਦ ਰਹਿੰਦਾ ਹੈ, ਉਸ ਦਾ ਕਿਸੇ ਨਾਲ ਭੀ ਵੈਰ-ਵਿਰੋਧ ਨਹੀਂ ਹੁੰਦਾ ॥੩॥
45167	1054	ਬਿਨੁ ਸਤਿਗੁਰ ਸੇਵੇ ਘੋਰ ਅੰਧਾਰਾ॥		Bin Sathigur Saevae Ghor Andhhaaraa ||	Without serving the True Guru, there is only pitch-black darkness.	ਗੁਰੂ ਦੀ ਸਰਨ ਪੈਣ ਤੋਂ ਬਿਨਾ (ਜੀਵ ਦੇ ਜੀਵਨ-ਰਾਹ ਵਿਚ ਹਉਮੈ ਮਮਤਾ ਆਦਿਕ ਦਾ) ਘੁੱਪ ਹਨੇਰਾ ਬਣਿਆ ਰਹਿੰਦਾ ਹੈ,

45168	1054	ਬਿਨੁ ਸਬਦੈ ਕੋਇ ਨ ਪਾਵੈ ਪਾਰਾ॥		Bin Sabadhai Koe N Paavai Paaraa ||	Without the Shabad, no one crosses over to the other side.	ਗੁਰੂ ਦੇ ਸ਼ਬਦ ਤੋਂ ਬਿਨਾ ਕੋਈ ਮਨੁੱਖ (ਇਸ ਘੁੱਪ ਹਨੇਰੇ ਦਾ) ਪਾਰਲਾ ਬੰਨਾ ਨਹੀਂ ਲੱਭ ਸਕਦਾ।
45169	1054	ਜੋ ਸਬਦਿ ਰਾਤੇ ਮਹਾ ਬੈਰਾਗੀ ਸੋ ਸਚੁ ਸਬਦੇ ਲਾਹਾ ਹੇ॥੪॥		Jo Sabadh Raathae Mehaa Bairaagee So Sach Sabadhae Laahaa Hae ||4||	Those who are imbued with the Shabad, are very detached. They earn the profit of the True Word of the Shabad. ||4||	ਜਿਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਮਸਤ ਰਹਿੰਦੇ ਹਨ, ਉਹ ਵੱਡੇ ਤਿਆਗੀ ਹਨ। ਗੁਰੂ ਦੇ ਸ਼ਬਦ ਦੀ ਰਾਹੀਂ ਉਹ ਸਦਾ-ਥਿਰ ਹਰਿ-ਨਾਮ ਹੀ (ਉਹਨਾਂ ਵਾਸਤੇ ਅਸਲ) ਖੱਟੀ ਹੈ ॥੪॥
45170	1054	ਦੁਖੁ ਸੁਖੁ ਕਰਤੈ ਧੁਰਿ ਲਿਖਿ ਪਾਇਆ॥		Dhukh Sukh Karathai Dhhur Likh Paaeiaa ||	Pain and pleasure are pre-ordained by the Creator.	ਕਰਤਾਰ ਨੇ ਆਪਣੇ ਹੁਕਮ ਨਾਲ ਹੀ ਦੁੱਖ ਅਤੇ ਸੁਖ (ਭੋਗਣਾ ਜੀਵਾਂ ਦੇ ਭਾਗਾਂ ਵਿਚ) ਲਿਖ ਕੇ ਪਾ ਦਿੱਤਾ ਹੈ।
45171	1054	ਦੂਜਾ ਭਾਉ ਆਪਿ ਵਰਤਾਇਆ॥		Dhoojaa Bhaao Aap Varathaaeiaa ||	He Himself has caused the love of duality to be pervasive.	ਮਾਇਆ ਦਾ ਮੋਹ ਭੀ ਪਰਮਾਤਮਾ ਨੇ ਆਪ ਹੀ ਵਰਤਾਇਆ ਹੋਇਆ ਹੈ।
45172	1054	ਗੁਰਮੁਖਿ ਹੋਵੈ ਸੁ ਅਲਿਪਤੋ ਵਰਤੈ ਮਨਮੁਖ ਕਾ ਕਿਆ ਵੇਸਾਹਾ ਹੇ॥੫॥	ਅ-ਲਿਪਤੋ	Guramukh Hovai S Alipatho Varathai Manamukh Kaa Kiaa Vaesaahaa Hae ||5||	One who becomes Gurmukh remains detached; how can anyone trust the self-willed manmukh? ||5||	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ (ਮਾਇਆ ਦੇ ਮੋਹ ਤੋਂ) ਨਿਰਲੇਪ ਰਹਿੰਦਾ ਹੈ; ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ ਕੋਈ ਇਤਬਾਰ ਨਹੀਂ ਕੀਤਾ ਜਾ ਸਕਦਾ (ਕਿ ਕਿਹੜੇ ਵੇਲੇ ਮਾਇਆ ਦੇ ਮੋਹ ਵਿਚ ਫਸ ਜਾਏ) ॥੫॥

45173	1054	ਸੇ ਮਨਮੁਖ ਜੋ ਸਬਦੁ ਨ ਪਛਾਣਹਿ॥		Sae Manamukh Jo Sabadh N Pashhaanehi ||	Those who do not recognize the Shabad are manmukhs.	ਜਿਹੜੇ ਮਨੁੱਖ ਗੁਰੂ ਦੇ ਸ਼ਬਦ ਨਾਲ ਸਾਂਝ ਨਹੀਂ ਪਾਂਦੇ, ਉਹ ਆਪਣੇ ਮਨ ਦੇ ਪਿੱਛੇ ਤੁਰਨ ਲੱਗ ਪੈਂਦੇ ਹਨ,
45174	1054	ਗੁਰ ਕੇ ਭੈ ਕੀ ਸਾਰ ਨ ਜਾਣਹਿ॥		Gur Kae Bhai Kee Saar N Jaanehi ||	They do not know the essence of the Fear of the Guru.	ਉਹ ਮਨੁੱਖ ਗੁਰੂ ਦੇ ਡਰ-ਅਦਬ ਦੀ ਕਦਰ ਨਹੀਂ ਜਾਣਦੇ।
45175	1054	ਭੈ ਬਿਨੁ ਕਿਉ ਨਿਰਭਉ ਸਚੁ ਪਾਈਐ ਜਮੁ ਕਾਢਿ ਲਏਗਾ ਸਾਹਾ ਹੇ॥੬॥		Bhai Bin Kio Nirabho Sach Paaeeai Jam Kaadt Leaegaa Saahaa Hae ||6||	Without this Fear, how can anyone find the Fearless True Lord? The Messenger of Death will pull the breath out. ||6||	ਜਿਤਨਾ ਚਿਰ ਗੁਰੂ ਦੇ ਡਰ-ਅਦਬ ਵਿਚ ਨਾਹ ਰਹੀਏ, ਉਨਾ ਚਿਰ ਸਦਾ-ਥਿਰ ਨਿਰਭਉ ਪਰਮਾਤਮਾ ਨਾਲ ਮਿਲਾਪ ਨਹੀਂ ਹੋ ਸਕਦਾ, (ਸਦਾ ਇਹ ਸਹਮ ਬਣਿਆ ਰਹਿੰਦਾ ਹੈ ਕਿ ਪਤਾ ਨਹੀਂ) ਜਮਰਾਜ (ਕਦੋਂ ਆ ਕੇ) ਜਿੰਦ ਕੱਢ ਲਏਗਾ ॥੬॥
45176	1054	ਅਫਰਿਓ ਜਮੁ ਮਾਰਿਆ ਨ ਜਾਈ॥	(ਅ-ਫਰਿਓ) ਅਮੋੜ	Afariou Jam Maariaa N Jaaee ||	The invulnerable Messenger of Death cannot be killed.	ਜਮਰਾਜ ਨੂੰ ਰੋਕਿਆ ਨਹੀਂ ਜਾ ਸਕਦਾ, ਜਮਰਾਜ ਨੂੰ ਮਾਰਿਆ ਨਹੀਂ ਜਾ ਸਕਦਾ।
45177	1054	ਗੁਰ ਕੈ ਸਬਦੇ ਨੇੜਿ ਨ ਆਈ॥		Gur Kai Sabadhae Naerr N Aaee ||	The Word of the Guru's Shabad prevents him from approaching.	ਪਰ ਗੁਰੂ ਦੇ ਸ਼ਬਦ ਵਿਚ ਜੁੜਿਆਂ (ਜਮਰਾਜ ਦਾ ਸਹਮ ਮਨੁੱਖ ਦੇ) ਨੇੜੇ ਨਹੀਂ ਢੁਕਦਾ।

45178	1054	ਸਬਦੁ ਸੁਣੇ ਤਾ ਦੂਰਹੁ ਭਾਗੈ ਮਤੁ ਮਾਰੇ ਹਰਿ ਜੀਉ ਵੇਪਰਵਾਹਾ ਹੇ॥੭॥		Sabadh Sunae Thaa Dhoorahu Bhaagai Math Maarae Har Jeeo Vaeparavaahaa Hae ||7||	When he hears the Word of the Shabad, he runs far away. He is afraid that the self-sufficient Dear Lord will kill him. ||7||	ਜਦੋਂ ਉਹ ਗੁਰੂ ਦਾ ਸ਼ਬਦ (ਗੁਰਮੁਖ ਦੇ ਮੂੰਹੋਂ) ਸੁਣਦਾ ਹੈ, ਤਾਂ ਦੂਰੋਂ ਹੀ (ਉਸ ਦੇ ਕੋਲੋਂ) ਭੱਜ ਜਾਂਦਾ ਹੈ ਕਿ ਮਤਾਂ ਵੇਪਰਵਾਹ ਪ੍ਰਭੂ (ਇਸ ਖੁਨਾਮੀ ਪਿੱਛੇ) ਸਜ਼ਾ ਹੀ ਨ ਦੇਵੇ (ਜਮਰਾਜ ਗੁਰਮੁਖ ਮਨੁੱਖ ਨੂੰ ਮੌਤ ਦਾ ਡਰ ਦੇ ਹੀ ਨਹੀਂ ਸਕਦਾ) ॥੭॥
45179	1054	ਹਰਿ ਜੀਉ ਕੀ ਹੈ ਸਭ ਸਿਰਕਾਰਾ॥	(ਸਿਰਕਾਰਾ) ਪਾਤਿਸਾਹੀ	Har Jeeo Kee Hai Sabh Sirakaaraa ||	The Dear Lord is the Ruler above all.	ਸਾਰੀ ਹੀ ਸ੍ਰਿਸ਼ਟੀ ਪਰਮਾਤਮਾ ਦੇ ਹੁਕਮ ਵਿਚ ਹੈ (ਜਮਰਾਜ ਭੀ ਪਰਮਾਤਮਾ ਦਾ ਹੀ ਰਈਅਤ ਹੈ),
45180	1054	ਏਹੁ ਜਮੁ ਕਿਆ ਕਰੇ ਵਿਚਾਰਾ॥		Eaehu Jam Kiaa Karae Vichaaraa ||	What can this wretched Messenger of Death do?	(ਪਰਮਾਤਮਾ ਦੇ ਹੁਕਮ ਤੋਂ ਬਿਨਾ) ਜਮਰਾਜ ਵਿਚਾਰਾ ਕੁਝ ਨਹੀਂ ਕਰ ਸਕਦਾ।
45181	1054	ਹੁਕਮੀ ਬੰਦਾ ਹੁਕਮੁ ਕਮਾਵੈ ਹੁਕਮੇ ਕਢਦਾ ਸਾਹਾ ਹੇ॥੮॥		Hukamee Bandhaa Hukam Kamaavai Hukamae Kadtadhaa Saahaa Hae ||8||	As slave to the Hukam of the Lord's Command, the mortal acts according to His Hukam. According to His Hukam, he is deprived of his breath. ||8||	ਜਮਰਾਜ ਭੀ ਪ੍ਰਭੂ ਦੇ ਹੁਕਮ ਵਿਚ ਹੀ ਤੁਰਨ ਵਾਲਾ ਹੈ, ਪ੍ਰਭੂ ਦੇ ਹੁਕਮ ਅਨੁਸਾਰ ਹੀ ਕਾਰ ਕਰਦਾ ਹੈ, ਹੁਕਮ ਅਨੁਸਾਰ ਹੀ ਜਿੰਦ ਕੱਢਦਾ ਹੈ ॥੮॥
45182	1054	ਗੁਰਮੁਖਿ ਸਾਚੈ ਕੀਆ ਅਕਾਰਾ॥		Guramukh Saachai Keeaa Akaaraa ||	The Gurmukh realizes that the True Lord created the creation.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਸਮਝਦਾ ਹੈ ਕਿ) ਸਾਰਾ ਜਗਤ ਸਦਾ-ਥਿਰ ਪਰਮਾਤਮਾ ਨੇ ਪੈਦਾ ਕੀਤਾ ਹੈ,

45183	1054	ਗੁਰਮੁਖਿ ਪਸਰਿਆ ਸਭੁ ਪਾਸਾਰਾ॥	ਪਸਰਿਆ:ਪੋਲਾ ਬੋਲੋ	Guramukh Pasariaa Sabh Paasaaraa ||	The Gurmukh knows that the Lord has expanded the entire expanse.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਹੀ ਸਮਝਦਾ ਹੈ ਕਿ) ਇਹ ਸਾਰਾ ਜਗਤ-ਖਿਲਾਰਾ ਪਰਮਾਤਮਾ ਦਾ ਹੀ ਖਿਲਾਰਿਆ ਹੋਇਆ ਹੈ।
45184	1054	ਗੁਰਮੁਖਿ ਹੋਵੈ ਸੋ ਸਚੁ ਬੂਝੈ ਸਬਦਿ ਸਚੈ ਸੁਖੁ ਤਾਹਾ ਹੇ॥੯॥		Guramukh Hovai So Sach Boojhai Sabadh Sachai Sukh Thaahaa Hae ||9||	One who becomes Gurmukh, understands the True Lord. Through the True Word of the Shabad, he finds peace. ||9||	ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਜਾਂਦਾ ਹੈ, ਉਹ ਸਦਾ-ਥਿਰ ਪ੍ਰਭੂ ਨਾਲ ਸਾਂਝ ਪਾ ਲੈਂਦਾ ਹੈ, ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਦੀ ਬਰਕਤਿ ਨਾਲ ਉਸ ਨੂੰ ਆਤਮਕ ਆਨੰਦ ਪ੍ਰਾਪਤ ਹੋ ਜਾਂਦਾ ਹੈ ॥੯॥
45185	1054	ਗੁਰਮੁਖਿ ਜਾਤਾ ਕਰਮਿ ਬਿਧਾਤਾ॥		Guramukh Jaathaa Karam Bidhhaathaa ||	The Gurmukh knows that the Lord is the Architect of karma.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਪ੍ਰਭੂ ਦੀ) ਬਖ਼ਸ਼ਸ਼ ਨਾਲ ਸਿਰਜਣਹਾਰ ਪ੍ਰਭੂ ਨਾਲ ਸਾਂਝ ਪਾਂਦਾ ਹੈ।
45186	1055	ਜੁਗ ਚਾਰੇ ਗੁਰ ਸਬਦਿ ਪਛਾਤਾ॥		Jug Chaarae Gur Sabadh Pashhaathaa ||	Throughout the four ages, he recognizes the Word of the Guru's Shabad.	ਚੌਹਾਂ ਜੁਗਾਂ ਵਿਚ ਹੀ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਪ੍ਰਭੂ ਨਾਲ ਸਾਂਝ ਬਣਦੀ ਆਈ ਹੈ।
45187	1055	ਗੁਰਮੁਖਿ ਮਰੈ ਨ ਜਨਮੈ ਗੁਰਮੁਖਿ ਗੁਰਮੁਖਿ ਸਬਦਿ ਸਮਾਹਾ ਹੇ॥੧੦॥		Guramukh Marai N Janamai Guramukh Guramukh Sabadh Samaahaa Hae ||10||	The Gurmukh does not die, the Gurmukh is not reborn; the Gurmukh is immersed in the Shabad. ||10||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ, ਉਹ ਗੁਰੂ ਦੇ ਸ਼ਬਦ ਵਿਚ ਲੀਨ ਰਹਿੰਦਾ ਹੈ ॥੧੦॥

45188	1055	ਗੁਰਮੁਖਿ ਨਾਮਿ ਸਬਦਿ ਸਾਲਾਹੇ॥		Guramukh Naam Sabadh Saalaahae ||	The Gurmukh praises the Naam, and the Shabad.	ਗੁਰਮੁਖ ਮਨੁੱਖ ਪਰਮਾਤਮਾ ਦੇ ਨਾਮ ਵਿਚ ਜੁੜਦਾ ਹੈ,
45189	1055	ਅਗਮ ਅਗੋਚਰ ਵੇਪਰਵਾਹੇ॥		Agam Agochar Vaeparavaahae ||	God is inaccessible, unfathomable and self-sufficient.	ਗੁਰੂ ਦੇ ਸ਼ਬਦ ਦੀ ਰਾਹੀਂ ਅਗਮ ਅਗੋਚਰ ਵੇਪਰਵਾਹ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ।
45190	1055	ਏਕ ਨਾਮਿ ਜੁਗ ਚਾਰਿ ਉਧਾਰੇ ਸਬਦੇ ਨਾਮ ਵਿਸਾਹਾ ਹੇ॥੧੧॥		Eaek Naam Jug Chaar Oudhhaarae Sabadhae Naam Visaahaa Hae ||11||	The Naam, the Name of the One Lord, saves and redeems throughout the four ages. Through the Shabad, one trades in the Naam. ||11||	(ਗੁਰਮੁਖ ਜਾਣਦਾ ਹੈ ਕਿ) ਪਰਾਮਤਮਾ ਦੇ ਨਾਮ ਨੇ ਹੀ ਚੌਹਾਂ ਜੁਗਾਂ ਦੇ ਜੀਵਾਂ ਦਾ ਪਾਰ-ਉਤਾਰਾ ਕੀਤਾ ਹੈ, ਤੇ ਗੁਰ-ਸ਼ਬਦ ਦੀ ਰਾਹੀਂ ਨਾਮ ਦਾ ਵਣਜ ਕੀਤਾ ਜਾ ਸਕਦਾ ਹੈ ॥੧੧॥
45191	1055	ਗੁਰਮੁਖਿ ਸਾਂਤਿ ਸਦਾ ਸੁਖੁ ਪਾਏ॥		Guramukh Saanth Sadhaa Sukh Paaeae ||	The Gurmukh obtains eternal peace and tranqulity.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਸਦਾ ਆਤਮਕ ਠੰਢ ਤੇ ਆਨੰਦ ਮਾਣਦਾ ਹੈ,
45192	1055	ਗੁਰਮੁਖਿ ਹਿਰਦੈ ਨਾਮੁ ਵਸਾਏ॥		Guramukh Hiradhai Naam Vasaaeae ||	The Gurmukh enshrines the Naam within his heart.	ਉਹ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵਸਾਈ ਰੱਖਦਾ ਹੈ।
45193	1055	ਗੁਰਮੁਖਿ ਹੋਵੈ ਸੋ ਨਾਮੁ ਬੂਝੈ ਕਾਟੇ ਦੁਰਮਤਿ ਫਾਹਾ ਹੇ॥੧੨॥		Guramukh Hovai So Naam Boojhai Kaattae Dhuramath Faahaa Hae ||12||	One who becomes Gurmukh recognizes the Naam, and the noose of evil-mindedness is snapped. ||12||	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਹਰਿ-ਨਾਮ ਨਾਲ ਸਾਂਝ ਪਾਂਦਾ ਹੈ, (ਤੇ ਇਸ ਤਰ੍ਹਾਂ) ਖੋਟੀ ਮੱਤ ਦੀ ਫਾਹੀ ਕੱਟ ਲੈਂਦਾ ਹੈ ॥੧੨॥

45194	1055	ਗੁਰਮੁਖਿ ਉਪਜੈ ਸਾਚਿ ਸਮਾਵੈ॥		Guramukh Oupajai Saach Samaavai ||	The Gurmukh wells up from, and then merges back into Truth.	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਉਸ ਸਦਾ-ਥਿਰ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦਾ ਹੈ ਜਿਸ ਤੋਂ ਉਹ ਪੈਦਾ ਹੋਇਆ ਹੈ,
45195	1055	ਨਾ ਮਰਿ ਜੰਮੈ ਨ ਜੂਨੀ ਪਾਵੈ॥		Naa Mar Janmai N Joonee Paavai ||	He does not die and take birth, and is not consigned to reincarnation.	(ਇਸ ਵਾਸਤੇ) ਉਹ ਮੁੜ ਮੁੜ ਮਰਦਾ ਜੰਮਦਾ ਨਹੀਂ, ਉਹ ਜੂਨਾਂ ਵਿਚ ਨਹੀਂ ਪੈਂਦਾ।
45196	1055	ਗੁਰਮੁਖਿ ਸਦਾ ਰਹਹਿ ਰੰਗਿ ਰਾਤੇ ਅਨ ਦਿਨੁ ਲੈਦੇ ਲਾਹਾ ਹੇ॥੧੩॥		Guramukh Sadhaa Rehehi Rang Raathae Anadhin Laidhae Laahaa Hae ||13||	The Gurmukh remains forever imbued with the color of the Lord's Love. Night and day, he earns a profit. ||13||	ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ ਸਦਾ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹ ਹਰ ਵੇਲੇ ਇਹ ਲਾਭ ਖੱਟਦੇ ਹਨ ॥੧੩॥
45197	1055	ਗੁਰਮੁਖਿ ਭਗਤ ਸੋਹਹਿ ਦਰਬਾਰੇ॥		Guramukh Bhagath Sohehi Dharabaarae ||	The Gurmukhs, the devotees, are exalted and beautified in the Court of the Lord.	ਗੁਰੂ ਦੇ ਸਨਮੁਖ ਰਹਿਣ ਵਾਲੇ ਭਗਤ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਪਾਂਦੇ ਹਨ।
45198	1055	ਸਚੀ ਬਾਣੀ ਸਬਦਿ ਸਵਾਰੇ॥		Sachee Baanee Sabadh Savaarae ||	They are embellished with the True Word of His Bani, and the Word of the Shabad.	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਨਾਲ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਦੇ ਜੀਵਨ ਸੁਧਰ ਜਾਂਦੇ ਹਨ।

45199	1055	ਅਨਦਿਨੁ ਗੁਣ ਗਾਵੈ ਦਿਨੁ ਰਾਤੀ ਸਹਜ ਸੇਤੀ ਘਰਿ ਜਾਹਾ ਹੇ॥੧੪॥		Anadhin Gun Gaavai Dhin Raathee Sehaj Saethee Ghar Jaahaa Hae ||14||	Night and day, they sing the Glorious Praises of the Lord, day and night, and they intuitively go to their own home. ||14||	ਜਿਹੜਾ ਮਨੁੱਖ ਹਰ ਵੇਲੇ ਦਿਨ ਰਾਤ ਪਰਮਾਤਮਾ ਦੇ ਗੁਣ ਗਾਂਦਾ ਹੈ, ਉਹ ਆਤਮਕ ਅਡੋਲਤਾ ਨਾਲ ਪ੍ਰਭੂ-ਚਰਨਾਂ ਵਿਚ ਟਿਕਿਆ ਰਹਿੰਦਾ ਹੈ (ਉਸ ਦਾ ਮਨ ਬਾਹਰ ਨਹੀਂ ਭਟਕਦਾ) ॥੧੪॥
45200	1055	ਸਤਿਗੁਰੁ ਪੂਰਾ ਸਬਦੁ ਸੁਣਾਏ॥		Sathigur Pooraa Sabadh Sunaaeae ||	The Perfect True Guru proclaims the Shabad;	ਪੂਰਾ ਗੁਰੂ ਸ਼ਬਦ ਸੁਣਾਂਦਾ ਹੈ (ਤੇ ਆਖਦਾ ਹੈ ਕਿ)
45201	1055	ਅਨ ਦਿਨੁ ਭਗਤਿ ਕਰਹੁ ਲਿਵ ਲਾਏ॥		Anadhin Bhagath Karahu Liv Laaeae ||	Night and day, remain lovingly attuned to devotional worship.	ਹਰ ਵੇਲੇ ਸੁਰਤ ਜੋੜ ਕੇ ਪਰਮਾਤਮਾ ਦੀ ਭਗਤੀ ਕਰਦੇ ਰਹੋ।
45202	1055	ਹਰਿ ਗੁਣ ਗਾਵਹਿ ਸਦ ਹੀ ਨਿਰਮਲ ਨਿਰਮਲ ਗੁਣ ਪਾਤਿਸਾਹਾ ਹੇ॥੧੫॥		Har Gun Gaavehi Sadh Hee Niramal Niramal Gun Paathisaahaa Hae ||15||	One who sings forever the Glorious Praises of the Lord, becomes immaculate; Immaculate are the Glorious Praises of the Sovereign Lord . ||15||	ਜਿਹੜੇ ਮਨੁੱਖ ਪਰਮਾਤਮਾ ਦੇ ਗੁਣ ਗਾਂਦੇ ਹਨ, ਪ੍ਰਭੂ-ਪਾਤਿਸ਼ਾਹ ਦੇ ਪਵਿੱਤਰ ਗੁਣ ਗਾਂਦੇ ਹਨ, ਉਹ ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ ॥੧੫॥
45203	1055	ਗੁਣ ਕਾ ਦਾਤਾ ਸਚਾ ਸੋਈ॥		Gun Kaa Dhaathaa Sachaa Soee ||	The True Lord is the Giver of virtue.	ਪਰ, (ਆਪਣੇ) ਗੁਣਾਂ (ਦੇ ਗਾਣ) ਦੀ ਦਾਤ ਦੇਣ ਵਾਲਾ ਉਹ ਸਦਾ-ਥਿਰ ਪਰਮਾਤਮਾ ਆਪ ਹੀ ਹੈ।

45204	1055	ਗੁਰਮੁਖਿ ਵਿਰਲਾ ਬੂਝੈ ਕੋਈ॥		Guramukh Viralaa Boojhai Koee ||	How rare are those who, as Gurmukh, understand this.	ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਵਿਰਲਾ ਮਨੁੱਖ (ਇਸ ਗੱਲ ਨੂੰ) ਸਮਝਦਾ ਹੈ।
45205	1055	ਨਾਨਕ ਜਨੁ ਨਾਮੁ ਸਲਾਹੇ ਬਿਗਸੈ ਸੋ ਨਾਮੁ ਬੇਪਰਵਾਹਾ ਹੇ॥੧੬॥੨॥੧੧॥		Naanak Jan Naam Salaahae Bigasai So Naam Baeparavaahaa Hae ||16||2||11||	Servant Nanak praises the Naam; he blossoms forth in the ecstasy of the Name of the self-sufficient Lord. ||16||2||11||	ਹੇ ਨਾਨਕ! ਪਰਮਾਤਮਾ ਦਾ ਜਿਹੜਾ ਸੇਵਕ ਪਰਮਾਤਮਾ ਦੇ ਨਾਮ ਦੀ ਵਡਿਆਈ ਕਰਦਾ ਹੈ, ਵੇਪਰਵਾਹ ਪ੍ਰਭੂ ਦਾ ਨਾਮ ਜਪਦਾ ਹੈ, ਉਹ ਸਦਾ ਖਿੜਿਆ ਰਹਿੰਦਾ ਹੈ ॥੧੬॥੨॥੧੧॥
45206	1055	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
45207	1055	ਹਰਿ ਜੀਉ ਸੇਵਿਹੁ ਅਗਮ ਅਪਾਰਾ॥		Har Jeeo Saevihu Agam Apaaraa ||	Serve the Dear Lord, the inaccessible and infinite.	ਬੇਅੰਤ ਅਤੇ ਅਪਹੁੰਚ ਪਰਮਾਤਮਾ ਦਾ ਸਿਮਰਨ ਕਰਦੇ ਰਿਹਾ ਕਰੋ।
45208	1055	ਤਿਸ ਦਾ ਅੰਤੁ ਨ ਪਾਈਐ ਪਾਰਾਵਾਰਾ॥		This Dhaa Anth N Paaeeai Paaraavaaraa ||	He has no end or limitation.	ਉਸ (ਦੇ ਗੁਣਾਂ) ਦਾ ਅੰਤ ਨਹੀਂ ਪਾਇਆ ਜਾ ਸਕਦਾ, (ਉਸ ਦੀ ਹਸਤੀ) ਦਾ ਉਰਲਾ ਪਾਰਲਾ ਬੰਨਾ ਲੱਭਿਆ ਨਹੀਂ ਜਾ ਸਕਦਾ।
45209	1055	ਗੁਰ ਪਰਸਾਦਿ ਰਵਿਆ ਘਟ ਅੰਤਰਿ ਤਿਤੁ ਘਟਿ ਮਤਿ ਅਗਾਹਾ ਹੇ॥੧॥		Gur Parasaadh Raviaa Ghatt Anthar Thith Ghatt Math Agaahaa Hae ||1||	By Guru's Grace, one who dwells upon the Lord deep within his heart - his heart is filled with infinite wisdom. ||1||	ਗੁਰੂ ਦੀ ਕਿਰਪਾ ਨਾਲ ਜਿਸ ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ, ਉਸ ਹਿਰਦੇ ਵਿਚ ਬੜੀ ਉੱਚੀ ਮੱਤ ਪਰਗਟ ਹੋ ਜਾਂਦੀ ਹੈ ॥੧॥

45210	1055	ਸਭ ਮਹਿ ਵਰਤੈ ਏਕੋ ਸੋਈ॥		Sabh Mehi Varathai Eaeko Soee ||	The One Lord is pervading and permeating amidst all.	ਸਿਰਫ਼ ਉਹ ਪਰਮਾਤਮਾ ਹੀ ਸਭ ਜੀਵਾਂ ਵਿਚ ਵਿਆਪਕ ਹੈ,
45211	1055	ਗੁਰ ਪਰਸਾਦੀ ਪਰਗਟੁ ਹੋਈ॥		Gur Parasaadhee Paragatt Hoee ||	By Guru's Grace, He is revealed.	ਪਰ ਗੁਰੂ ਦੀ ਕਿਰਪਾ ਨਾਲ ਹੀ ਉਹ ਪਰਗਟ ਹੁੰਦਾ ਹੈ।
45212	1055	ਸਭਨਾ ਪ੍ਰਤਿਪਾਲ ਕਰੇ ਜਗਜੀਵਨੁ ਦੇਦਾ ਰਿਜਕੁ ਸੰਬਾਹਾ ਹੇ॥੨॥	ਜੱਗਜੀਵਨੁ	Sabhanaa Prathipaal Karae Jagajeevan Dhaedhaa Rijak Sanbaahaa Hae ||2||	The Life of the world nurtures and cherishes all, giving sustenance to all. ||2||	ਉਹ ਜਗਤ-ਦਾ-ਸਹਾਰਾ ਪ੍ਰਭੂ ਸਭ ਜੀਵਾਂ ਦੀ ਪਾਲਣਾ ਕਰਦਾ ਹੈ, ਸਭਨਾਂ ਨੂੰ ਰਿਜ਼ਕ ਦੇਂਦਾ ਹੈ, ਸਭਨਾਂ ਨੂੰ ਰਿਜ਼ਕ ਅਪੜਾਂਦਾ ਹੈ ॥੨॥
45213	1055	ਪੂਰੈ ਸਤਿਗੁਰਿ ਬੂਝਿ ਬੁਝਾਇਆ॥	ਬੂੱਝਿ,ਬੁੱਝਾਇਆ	Poorai Sathigur Boojh Bujhaaeiaa ||	The Perfect True Guru has imparted this understanding.	ਪੂਰੇ ਗੁਰੂ ਨੇ (ਆਪ) ਸਮਝ ਕੇ (ਜਗਤ ਨੂੰ) ਸਮਝਾਇਆ ਹੈ,
45214	1055	ਹੁਕਮੇ ਹੀ ਸਭੁ ਜਗਤੁ ਉਪਾਇਆ॥	ਜੱਗਤੁ	Hukamae Hee Sabh Jagath Oupaaeiaa ||	By the Hukam of His Command, He created the entire Universe.	ਕਿ ਪਰਮਾਤਮਾ ਨੇ ਆਪਣੇ ਹੁਕਮ ਵਿਚ ਹੀ ਸਾਰਾ ਜਗਤ ਪੈਦਾ ਕੀਤਾ ਹੈ।
45215	1055	ਹੁਕਮੁ ਮੰਨੇ ਸੋਈ ਸੁਖੁ ਪਾਏ ਹੁਕਮੁ ਸਿਰਿ ਸਾਹਾ ਪਾਤਿਸਾਹਾ ਹੇ॥੩॥	ਸਾਹਾਂ,ਪਾਤਿਸਾਹਾਂ	Hukam Mannae Soee Sukh Paaeae Hukam Sir Saahaa Paathisaahaa Hae ||3||	Whoever submits to His Command, finds peace; His Command is above the heads of kings and emperors. ||3||	ਜਿਹੜਾ ਮਨੁੱਖ ਉਸ ਦੇ ਹੁਕਮ ਨੂੰ (ਮਿੱਠਾ ਕਰਕੇ) ਮੰਨਦਾ ਹੈ, ਉਹੀ ਆਤਮਕ ਆਨੰਦ ਮਾਣਦਾ ਹੈ। ਉਸ ਦਾ ਹੁਕਮ ਸ਼ਾਹਾਂ ਪਾਤਿਸ਼ਾਹਾਂ ਦੇ ਸਿਰ ਉਤੇ ਭੀ ਚੱਲ ਰਿਹਾ ਹੈ (ਕੋਈ ਉਸ ਤੋਂ ਆਕੀ ਨਹੀਂ ਹੋ ਸਕਦਾ) ॥੩॥

45216	1055	ਸਚਾ ਸਤਿਗੁਰੁ ਸਬਦੁ ਅਪਾਰਾ॥		Sachaa Sathigur Sabadh Apaaraa ||	True is the True Guru. Infinite is the Word of His Shabad.	ਗੁਰੂ ਅਭੁੱਲ ਹੈ, ਉਸ ਦਾ ਉਪਦੇਸ਼ ਭੀ ਬਹੁਤ ਡੂੰਘਾ ਹੈ।
45217	1055	ਤਿਸ ਦੈ ਸਬਦਿ ਨਿਸਤਰੈ ਸੰਸਾਰਾ॥		This Dhai Sabadh Nisatharai Sansaaraa ||	Through His Shabad, the world is saved.	ਉਸ ਦੇ ਸ਼ਬਦ ਦੀ ਰਾਹੀਂ ਜਗਤ (ਸੰਸਾਰ-ਸਮੁੰਦਰ ਤੋਂ) ਪਾਰ ਲੰਘਦਾ ਹੈ।
45218	1055	ਆਪੇ ਕਰਤਾ ਕਰਿ ਕਰਿ ਵੇਖੈ ਦੇਦਾ ਸਾਸ ਗਿਰਾਹਾ ਹੇ॥੪॥		Aapae Karathaa Kar Kar Vaekhai Dhaedhaa Saas Giraahaa Hae ||4||	The Creator Himself created the creation; He gazes upon it, and blesses it with breath and nourishment. ||4||	(ਗੁਰੂ ਇਹ ਦੱਸਦਾ ਹੈ ਕਿ) ਪਰਮਾਤਮਾ ਆਪ ਹੀ (ਜੀਵਾਂ ਨੂੰ) ਪੈਦਾ ਕਰ ਕੇ (ਉਹਨਾਂ ਦੀ) ਸੰਭਾਲ ਕਰਦਾ ਹੈ, (ਸਭਨਾਂ ਨੂੰ) ਸਾਹ (ਜਿੰਦ) ਭੀ ਦੇਂਦਾ ਹੈ ਰੋਜ਼ੀ ਭੀ ਦੇਂਦਾ ਹੈ ॥੪॥
45219	1055	ਕੋਟਿ ਮਧੇ ਕਿਸਹਿ ਬੁਝਾਏ॥		Kott Madhhae Kisehi Bujhaaeae ||	Out of millions, only a few understand.	ਕ੍ਰੋੜਾਂ ਵਿਚੋਂ ਕਿਸੇ ਵਿਰਲੇ ਨੂੰ (ਪਰਮਾਤਮਾ ਸਹੀ ਆਤਮਕ ਜੀਵਨ ਦੀ) ਸੂਝ ਬਖ਼ਸ਼ਦਾ ਹੈ।
45220	1055	ਗੁਰ ਕੈ ਸਬਦਿ ਰਤੇ ਰੰਗੁ ਲਾਏ॥		Gur Kai Sabadh Rathae Rang Laaeae ||	Imbued with the Word of the Guru's Shabad, they are colored in His Love.	ਜਿਹੜੇ ਮਨੁੱਖ ਪਿਆਰ ਨਾਲ ਗੁਰੂ ਦੇ ਸ਼ਬਦ ਵਿਚ ਮਸਤ ਰਹਿੰਦੇ ਹਨ,
45221	1055	ਹਰਿ ਸਾਲਾਹਹਿ ਸਦਾ ਸੁਖਦਾਤਾ ਹਰਿ ਬਖਸੇ ਭਗਤਿ ਸਲਾਹਾ ਹੇ॥੫॥	ਸਾਲਾ–ਹਹਿ	Har Saalaahehi Sadhaa Sukhadhaathaa Har Bakhasae Bhagath Salaahaa Hae ||5||	They praise the Lord, the Giver of peace forever; the Lord forgives His devotees, and blesses them with His Praise. ||5||	ਅਤੇ ਸਾਰੇ ਸੁਖਾਂ ਦੇ ਦਾਤੇ ਹਰੀ ਦੀ ਸਦਾ ਸਿਫ਼ਤ-ਸਾਲਾਹ ਕਰਦੇ ਹਨ, ਪਰਮਾਤਮਾ ਉਹਨਾਂ ਨੂੰ ਭਗਤੀ ਅਤੇ ਸਿਫ਼ਤ-ਸਾਲਾਹ ਦੀ (ਹੋਰ) ਦਾਤ ਬਖ਼ਸ਼ਦਾ ਹੈ ॥੫॥
45222	1055	ਸਤਿਗੁਰੁ ਸੇਵਹਿ ਸੇ ਜਨ ਸਾਚੇ॥		Sathigur Saevehi Sae Jan Saachae ||	Those humble beings who serve the True Guru are true.	ਜਿਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ ਅਡੋਲ ਜੀਵਨ ਵਾਲੇ ਹੋ ਜਾਂਦੇ ਹਨ।

45223	1055	ਜੋ ਮਰਿ ਜੰਮਹਿ ਕਾਚਨਿ ਕਾਚੇ॥		Jo Mar Janmehi Kaachan Kaachae ||	The falsest of the false die, only to be reborn.	ਪਰ ਜਿਹੜੇ ਜਨਮ ਮਰਨ ਦੇ ਗੇੜ ਵਿਚ ਪਏ ਹੋਏ ਹਨ, ਉਹ ਬਹੁਤ ਹੀ ਕਮਜ਼ੋਰ ਆਤਮਕ ਜੀਵਨ ਵਾਲੇ ਹਨ।
45224	1055	ਅਗਮ ਅਗੋਚਰੁ ਵੇਪਰਵਾਹਾ ਭਗਤਿ ਵਛਲੁ ਅਥਾਹਾ ਹੇ ॥੬॥		Agam Agochar Vaeparavaahaa Bhagath Vashhal Athhaahaa Hae ||6||	The inaccessible, unfathomable, self-sufficient, incomprehensible Lord is the Lover of His devotees. ||6||	ਅਪਹੁੰਚ ਅਗੋਚਰੁ ਵੇਪਰਵਾਹ ਅਤੇ ਬੇਅੰਤ ਪਰਮਾਤਮਾ ਭਗਤੀ ਨਾਲ ਪਿਆਰ ਕਰਦਾ ਹੈ ॥੬॥
45225	1055	ਸਤਿਗੁਰੁ ਪੂਰਾ ਸਾਚੁ ਦ੍ਰਿੜਾਏ॥		Sathigur Pooraa Saach Dhrirraaeae ||	The Perfect True Guru implants Truth within.	ਪੂਰਾ ਗੁਰੂ ਜਿਸ ਮਨੁੱਖ ਦੇ ਹਿਰਦੇ ਵਿਚ ਸਦਾ-ਥਿਰ ਹਰਿ-ਨਾਮ ਪੱਕਾ ਕਰਦਾ ਹੈ,
45226	1055	ਸਚੈ ਸਬਦਿ ਸਦਾ ਗੁਣ ਗਾਏ॥		Sachai Sabadh Sadhaa Gun Gaaeae ||	Through the True Word of the Shabad, they sing His Glorious Praises forever.	ਉਹ ਮਨੁੱਖ ਸ਼ਬਦ ਦੀ ਰਾਹੀਂ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦਾ ਹੈ,
45227	1055	ਗੁਣਦਾਤਾ ਵਰਤੈ ਸਭ ਅੰਤਰਿ ਸਿਰਿ ਸਿਰਿ ਲਿਖਦਾ ਸਾਹਾ ਹੇ॥੭॥		Gunadhaathaa Varathai Sabh Anthar Sir Sir Likhadhaa Saahaa Hae ||7||	The Giver of virtue is pervading deep within the nucleus of all beings; He inscribes the time of destiny upon each and every person's head. ||7||	ਉਸ ਨੂੰ ਇਉਂ ਦਿੱਸਦਾ ਹੈ ਕਿ ਗੁਣ-ਦਾਤਾ ਪ੍ਰਭੂ ਸਭ ਜੀਵਾਂ ਵਿਚ ਵੱਸ ਰਿਹਾ ਹੈ, ਅਤੇ ਹਰੇਕ ਦੇ ਸਿਰ ਉੱਤੇ ਉਹ ਸਮਾ (ਸਾਹਾ) ਲਿਖਦਾ ਹੈ (ਜਦੋਂ ਜਿੰਦ-ਵਹੁਟੀ ਨੇ ਪਰਲੋਕ ਸਹੁਰੇ-ਘਰ ਤੁਰ ਪੈਣਾ ਹੈ) ॥੭॥
45228	1055	ਸਦਾ ਹਦੂਰਿ ਗੁਰਮੁਖਿ ਜਾਪੈ॥		Sadhaa Hadhoor Guramukh Jaapai ||	The Gurmukh knows that God is always ever-present.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੂੰ ਪਰਮਾਤਮਾ ਅੰਗ-ਸੰਗ ਵੱਸਦਾ ਦਿੱਸਦਾ ਹੈ।

45229	1055	ਸਬਦੇ ਸੇਵੈ ਸੋ ਜਨੁ ਧ੍ਰਾਪੈ॥		Sabadhae Saevai So Jan Dhhraapai ||	That humble being who serves the Shabad, is comforted and fulfilled.	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਸੇਵਾ-ਭਗਤੀ ਕਰਦਾ ਹੈ ਉਹ ਮਨੁੱਖ (ਮਾਇਆ ਦੀ ਤ੍ਰਿਸ਼ਨਾ ਵੱਲੋਂ) ਰੱਜਿਆ ਰਹਿੰਦਾ ਹੈ।
45230	1055	ਅਨ ਦਿਨੁ ਸੇਵਹਿ ਸਚੀ ਬਾਣੀ ਸਬਦਿ ਸਚੈ ਓਮਾਹਾ ਹੇ॥੮॥		Anadhin Saevehi Sachee Baanee Sabadh Sachai Oumaahaa Hae ||8||	Night and day, he serves the True Word of the Guru's Bani; he delights in the True Word of the Shabad. ||8||	ਜਿਹੜੇ ਮਨੁੱਖ ਸਿਫ਼ਤ-ਸਾਲਾਹ ਵਾਲੀ ਬਾਣੀ ਦੀ ਰਾਹੀਂ ਹਰ ਵੇਲੇ ਪਰਮਾਤਮਾ ਦੀ ਸੇਵਾ ਭਗਤੀ ਕਰਦੇ ਹਨ, ਸ਼ਬਦ ਦੀ ਬਰਕਤਿ ਨਾਲ ਉਹਨਾਂ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ ॥੮॥
45231	1055	ਅਗਿਆਨੀ ਅੰਧਾ ਬਹੁ ਕਰਮ ਦ੍ਰਿੜਾਏ॥		Agiaanee Andhhaa Bahu Karam Dhrirraaeae ||	The ignorant and blind cling to all sorts of rituals.	(ਆਤਮਕ ਜੀਵਨ ਤੋਂ) ਬੇ-ਸਮਝ (ਅਤੇ ਮਾਇਆ ਦੇ ਮੋਹ ਵਿਚ) ਅੰਨ੍ਹਾਂ (ਹੋਇਆ) ਮਨੁੱਖ (ਹਰਿ-ਨਾਮ ਭੁਲਾ ਕੇ ਤੀਰਥ-ਇਸ਼ਨਾਨ ਆਦਿਕ ਹੋਰ ਹੋਰ) ਅਨੇਕਾਂ (ਮਿੱਥੇ ਹੋਏ ਧਾਰਮਿਕ) ਕਰਮਾਂ ਉੱਤੇ ਜ਼ੋਰ ਦੇਂਦਾ ਹੈ।
45232	1055	ਮਨ ਹਠਿ ਕਰਮ ਫਿਰਿ ਜੋਨੀ ਪਾਏ॥		Manehath Karam Fir Jonee Paaeae ||	They stubborn-mindedly perform these rituals, and are consigned to reincarnation.	ਪਰ ਜਿਹੜਾ ਮਨੁੱਖ ਮਨ ਦੇ ਹਠ ਨਾਲ (ਅਜਿਹੇ) ਕਰਮ (ਕਰਦਾ ਰਹਿੰਦਾ ਹੈ, ਉਹ) ਮੁੜ ਮੁੜ ਜੂਨੀਆਂ ਵਿਚ ਪੈਂਦਾ ਹੈ।

45233	1056	ਬਿਖਿਆ ਕਾਰਣਿ ਲਬੁ ਲੋਭੁ ਕਮਾਵਹਿ ਦੁਰਮਤਿ ਕਾ ਦੋ ਰਾਹਾ ਹੇ॥੯॥	ਦੋ ਦ੍ਵੈਤ ਦਾ, ਦੋ ਖੋਟਾ (ਰਾਹਾ) ਰਾਹ।ਦੁਰ-ਮੱਤਿ। (ਦੂਜਾ ਪਾਠ: ਦੋਰਾਹਾ)	Bikhiaa Kaaran Lab Lobh Kamaavehi Dhuramath Kaa Dhoraahaa Hae ||9||	For the sake of poison, they act in greed and possessiveness, and evil-minded duality. ||9||	ਜਿਹੜੇ ਮਨੁੱਖ ਮਾਇਆ (ਕਮਾਣ) ਦੀ ਖ਼ਾਤਰ ਲੱਬ ਲੋਭ (ਨੂੰ ਚਮਕਾਣ ਵਾਲੇ) ਕਰਮ ਕਰਦੇ ਹਨ, ਉਹਨਾਂ ਦੇ ਜੀਵਨ-ਸਫ਼ਰ ਵਿਚ ਖੋਟੀ ਮੱਤ ਦਾ ਦੁ-ਚਿੱਤਾ-ਪਨ ਆ ਜਾਂਦਾ ਹੈ ॥੯॥
45234	1056	ਪੂਰਾ ਸਤਿਗੁਰੁ ਭਗਤਿ ਦ੍ਰਿੜਾਏ॥		Pooraa Sathigur Bhagath Dhrirraaeae ||	The Perfect True Guru implants devotional worship within.	ਪੂਰਾ ਗੁਰੂ ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦੀ ਭਗਤੀ ਕਰਨ ਦਾ ਵਿਸ਼ਵਾਸ ਪੈਦਾ ਕਰਦਾ ਹੈ,
45235	1056	ਗੁਰ ਕੈ ਸਬਦਿ ਹਰਿ ਨਾਮਿ ਚਿਤੁ ਲਾਏ॥		Gur Kai Sabadh Har Naam Chith Laaeae ||	Through the Word of the Guru's Shabad, he lovingly centers his consciousness on the Lord's Name.	ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੇ ਨਾਮ ਵਿਚ (ਆਪਣਾ) ਚਿੱਤ ਜੋੜਦਾ ਹੈ।
45236	1056	ਮਨਿ ਤਨਿ ਹਰਿ ਰਵਿਆ ਘਟ ਅੰਤਰਿ ਮਨਿ ਭੀਨੈ ਭਗਤਿ ਸਲਾਹਾ ਹੇ॥੧੦॥		Man Than Har Raviaa Ghatt Anthar Man Bheenai Bhagath Salaahaa Hae ||10||	The Lord pervades his mind, body and heart; deep within, his mind is drenched with devotional worship and praise of the Lord. ||10||	ਉਸ ਦੇ ਮਨ ਵਿਚ ਤਨ ਵਿਚ ਹਿਰਦੇ ਵਿਚ ਸਦਾ ਪਰਮਾਤਮਾ ਵੱਸਿਆ ਰਹਿੰਦਾ ਹੈ। (ਪਰਮਾਤਮਾ ਵਿਚ) ਮਨ ਭਿੱਜਿਆਂ ਮਨੁੱਖ ਉਸ ਦੀ ਭਗਤੀ ਤੇ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹੈ ॥੧੦॥
45237	1056	ਮੇਰਾ ਪ੍ਰਭੁ ਸਾਚਾ ਅਸੁਰ ਸੰਘਾਰਣੁ॥	ਅ-ਸੁਰ	Maeraa Prabh Saachaa Asur Sanghaaran ||	My True Lord God is the Destroyer of demons.	ਮੇਰਾ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ, (ਮਨੁੱਖ ਦੇ ਅੰਦਰੋਂ ਕਾਮਾਦਿਕ) ਦੈਂਤਾਂ ਦਾ ਨਾਸ ਕਰਨ ਵਾਲਾ ਹੈ,

45238	1056	ਗੁਰ ਕੈ ਸਬਦਿ ਭਗਤਿ ਨਿਸਤਾਰਣੁ॥		Gur Kai Sabadh Bhagath Nisathaaran ||	Through the Word of the Guru's Shabad, His devotees are saved.	ਗੁਰੂ ਦੇ ਸ਼ਬਦ ਵਿਚ (ਜੋੜ ਕੇ) (ਆਪਣੀ) ਭਗਤੀ ਵਿਚ (ਲਾ ਕੇ ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਵਾਲਾ ਹੈ।
45239	1056	ਮੇਰਾ ਪ੍ਰਭੁ ਸਾਚਾ ਸਦ ਹੀ ਸਾਚਾ ਸਿਰਿ ਸਾਹਾ ਪਾਤਿਸਾਹਾ ਹੇ॥੧੧॥		Maeraa Prabh Saachaa Sadh Hee Saachaa Sir Saahaa Paathisaahaa Hae ||11||	My True Lord God is forever True. He is the Emperor over the heads of kings. ||11||	ਮੇਰਾ ਪ੍ਰਭੂ ਸਦਾ-ਥਿਰ ਰਹਿਣ ਵਾਲਾ ਹੈ ਸਦਾ ਹੀ ਕਾਇਮ ਰਹਿਣ ਵਾਲਾ ਹੈ, ਉਹ ਤਾਂ ਸ਼ਾਹਾਂ ਪਾਤਿਸ਼ਾਹਾਂ ਦੇ ਸਿਰ ਉੱਤੇ (ਭੀ ਹੁਕਮ ਚਲਾਣ ਵਾਲਾ) ਹੈ ॥੧੧॥
45240	1056	ਸੇ ਭਗਤ ਸਚੇ ਤੇਰੈ ਮਨਿ ਭਾਏ॥		Sae Bhagath Sachae Thaerai Man Bhaaeae ||	True are those devotees, who are pleasing to Your Mind.	ਹੇ ਪ੍ਰਭੂ! ਉਹੀ ਭਗਤ ਅਡੋਲ ਆਤਮਕ ਜੀਵਨ ਵਾਲੇ ਬਣਦੇ ਹਨ, ਜਿਹੜੇ ਤੇਰੇ ਮਨ ਵਿਚ ਪਿਆਰੇ ਲੱਗਦੇ ਹਨ;
45241	1056	ਦਰਿ ਕੀਰਤਨੁ ਕਰਹਿ ਗੁਰ ਸਬਦਿ ਸੁਹਾਏ॥		Dhar Keerathan Karehi Gur Sabadh Suhaaeae ||	They sing the Kirtan of His Praises at His Door; they are embellished and exalted by the Word of the Guru's Shabad.	ਉਹ ਤੇਰੇ ਦਰ ਤੇ (ਟਿਕ ਕੇ) ਤੇਰ ਸਿਫ਼ਤ-ਸਾਲਾਹ ਕਰਦੇ ਹਨ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਦਾ ਆਤਮਕ ਜੀਵਨ ਸੋਹਣਾ ਬਣ ਜਾਂਦਾ ਹੈ।
45242	1056	ਸਾਚੀ ਬਾਣੀ ਅਨ ਦਿਨੁ ਗਾਵਹਿ ਨਿਰਧਨ ਕਾ ਨਾਮੁ ਵੇਸਾਹਾ ਹੇ॥੧੨॥		Saachee Baanee Anadhin Gaavehi Niradhhan Kaa Naam Vaesaahaa Hae ||12||	Night and day, they sing the True Word of His Bani. The Naam is the wealth of the poor. ||12||	ਉਹ ਭਗਤ ਜਨ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਹਰ ਵੇਲੇ ਗਾਂਦੇ ਹਨ। ਪਰਮਾਤਮਾ ਦਾ ਨਾਮ (ਨਾਮ-) ਧਨ ਤੋਂ ਸੱਖਣੇ ਮਨੁੱਖਾਂ ਲਈ ਸਰਮਾਇਆ ਹੈ ॥੧੨॥

45243	1056	ਜਿਨ ਆਪੇ ਮੇਲਿ ਵਿਛੋੜਹਿ ਨਾਹੀ॥		Jin Aapae Mael Vishhorrehi Naahee ||	Those whom You unite, Lord, are never separated again.	ਹੇ ਪ੍ਰਭੂ! ਤੂੰ ਆਪ ਹੀ ਜਿਨ੍ਹਾਂ ਮਨੁੱਖਾਂ ਨੂੰ (ਆਪਣੇ ਚਰਨਾਂ ਵਿਚ) ਜੋੜ ਕੇ (ਫਿਰ) ਵਿਛੋੜਦਾ ਨਹੀਂ ਹੈਂ,
45244	1056	ਗੁਰ ਕੈ ਸਬਦਿ ਸਦਾ ਸਾਲਾਹੀ॥		Gur Kai Sabadh Sadhaa Saalaahee ||	Through the Word of the Guru's Shabad, they praise You forever.	ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਸਦਾ ਤੇਰੀ ਸਿਫ਼ਤ-ਸਾਲਾਹ ਕਰਦੇ ਰਹਿੰਦੇ ਹਨ।
45245	1056	ਸਭਨਾ ਸਿਰਿ ਤੂ ਏਕੋ ਸਾਹਿਬੁ ਸਬਦੇ ਨਾਮੁ ਸਲਾਹਾ ਹੇ॥੧੩॥		Sabhanaa Sir Thoo Eaeko Saahib Sabadhae Naam Salaahaa Hae ||13||	You are the One Lord and Master over all. Through the Shabad, the Naam is praised. ||13||	ਹੇ ਪ੍ਰਭੂ! ਸਭ ਜੀਵਾਂ ਦੇ ਸਿਰ ਉੱਤੇ ਤੂੰ ਆਪ ਹੀ ਮਾਲਕ ਹੈਂ। (ਤੇਰੀ ਮਿਹਰ ਨਾਲ ਹੀ ਜੀਵ ਗੁਰੂ ਦੇ) ਸ਼ਬਦ ਵਿਚ (ਜੁੜ ਕੇ ਤੇਰਾ) ਨਾਮ (ਜਪ ਸਕਦੇ ਹਨ ਅਤੇ ਤੇਰੀ) ਸਿਫ਼ਤ-ਸਾਲਾਹ ਕਰ ਸਕਦੇ ਹਨ ॥੧੩॥
45246	1056	ਬਿਨੁ ਸਬਦੈ ਤੁਧੁਨੋ ਕੋਈ ਨ ਜਾਣੀ॥		Bin Sabadhai Thudhhuno Koee N Jaanee ||	Without the Shabad, no one knows You.	ਹੇ ਪ੍ਰਭੂ! ਗੁਰੂ ਦੇ ਸ਼ਬਦ ਤੋਂ ਬਿਨਾ ਕੋਈ ਮਨੁੱਖ ਤੇਰੇ ਨਾਲ ਸਾਂਝ ਨਹੀਂ ਪਾ ਸਕਦਾ,
45247	1056	ਤੁਧੁ ਆਪੇ ਕਥੀ ਅਕਥ ਕਹਾਣੀ॥	ਅ-ਕਥ: ਪੋਲਾ ਬੋਲੋ	Thudhh Aapae Kathhee Akathh Kehaanee ||	You Yourself speak the Unspoken Speech.	(ਗੁਰੂ ਦੇ ਸ਼ਬਦ ਦੀ ਰਾਹੀਂ) ਤੂੰ ਆਪ ਹੀ ਆਪਣੇ ਅਕੱਥ ਸਰੂਪ ਦਾ ਬਿਆਨ ਕਰਦਾ ਹੈਂ।
45248	1056	ਆਪੇ ਸਬਦੁ ਸਦਾ ਗੁਰੁ ਦਾਤਾ ਹਰਿ ਨਾਮੁ ਜਪਿ ਸੰਬਾਹਾ ਹੇ॥੧੪॥		Aapae Sabadh Sadhaa Gur Dhaathaa Har Naam Jap Sanbaahaa Hae ||14||	You Yourself are the Shabad forever, the Guru, the Great Giver; chanting the Lord's Name, You bestow Your treasure. ||14||	ਤੂੰ ਆਪ ਹੀ ਗੁਰੂ-ਰੂਪ ਹੋ ਕੇ ਸਦਾ ਸ਼ਬਦ ਦੀ ਦਾਤ ਦੇਂਦਾ ਆਇਆ ਹੈਂ, ਗੁਰੂ-ਰੂਪ ਹੋ ਕੇ ਤੂੰ ਆਪ ਹੀ ਹਰਿ-ਨਾਮ ਜਪ ਕੇ (ਜੀਵਾਂ ਨੂੰ ਭੀ ਇਹ ਦਾਤਿ) ਦੇਂਦਾ ਆ ਰਿਹਾ ਹੈਂ ॥੧੪॥

45249	1056	ਤੂ ਆਪੇ ਕਰਤਾ ਸਿਰਜਣਹਾਰਾ॥		Thoo Aapae Karathaa Sirajanehaaraa ||	You Yourself are the Creator of the Universe.	ਹੇ ਪ੍ਰਭੂ! ਤੂੰ ਆਪ ਹੀ (ਸਾਰੀ ਸ੍ਰਿਸ਼ਟੀ ਨੂੰ) ਪੈਦਾ ਕਰ ਸਕਣ ਵਾਲਾ ਕਰਤਾਰ ਹੈਂ।
45250	1056	ਤੇਰਾ ਲਿਖਿਆ ਕੋਇ ਨ ਮੇਟਣਹਾਰਾ॥		Thaeraa Likhiaa Koe N Maettanehaaraa ||	No one can erase what You have written.	ਕੋਈ ਜੀਵ ਤੇਰੇ ਲਿਖੇ ਲੇਖ ਨੂੰ ਮਿਟਾਣ-ਜੋਗਾ ਨਹੀਂ ਹੈ।
45251	1056	ਗੁਰਮੁਖਿ ਨਾਮੁ ਦੇਵਹਿ ਤੂ ਆਪੇ ਸਹਸਾ ਗਣਤ ਨ ਤਾਹਾ ਹੇ॥੧੫॥		Guramukh Naam Dhaevehi Thoo Aapae Sehasaa Ganath N Thaahaa Hae ||15||	You Yourself bless the Gurmukh with the Naam, who is no longer skeptical, and is not held to account. ||15||	ਗੁਰੂ ਦੀ ਸਰਨ ਪਾ ਕੇ ਤੂੰ ਆਪ ਹੀ ਆਪਣਾ ਨਾਮ ਦੇਂਦਾ ਹੈਂ, (ਤੇ, ਜਿਸ ਨੂੰ ਤੂੰ ਨਾਮ ਦੀ ਦਾਤ ਦੇਂਦਾ ਹੈਂ) ਉਸ ਨੂੰ ਕੋਈ ਸਹਮ ਕੋਈ ਚਿੰਤਾ-ਫ਼ਿਕਰ ਪੋਹ ਨਹੀਂ ਸਕਦਾ ॥੧੫॥
45252	1056	ਭਗਤ ਸਚੇ ਤੇਰੈ ਦਰਵਾਰੇ॥		Bhagath Sachae Thaerai Dharavaarae ||	Your true devotees stand at the Door of Your Court.	ਹੇ ਪ੍ਰਭੂ! ਤੇਰੇ ਦਰਬਾਰ ਵਿਚ ਤੇਰੇ ਭਗਤ ਸੁਰਖ਼ਰੂ ਰਹਿੰਦੇ ਹਨ,
45253	1056	ਸਬਦੇ ਸੇਵਨਿ ਭਾਇ ਪਿਆਰੇ॥		Sabadhae Saevan Bhaae Piaarae ||	They serve the Shabad with love and affection.	ਕਿਉਂਕਿ ਉਹ ਤੇਰੇ ਪ੍ਰੇਮ-ਪਿਆਰ ਵਿਚ ਗੁਰੂ ਦੇ ਸ਼ਬਦ ਦੀ ਰਾਹੀਂ ਤੇਰੀ ਸੇਵਾ-ਭਗਤੀ ਕਰਦੇ ਹਨ।
45254	1056	ਨਾਨਕ ਨਾਮਿ ਰਤੇ ਬੈਰਾਗੀ ਨਾਮੇ ਕਾਰਜੁ ਸੋਹਾ ਹੇ॥੧੬॥੩॥੧੨॥		Naanak Naam Rathae Bairaagee Naamae Kaaraj Sohaa Hae ||16||3||12||	O Nanak, those who are attuned to the Naam remain detached; through the Naam, their affairs are resolved. ||16||3||12||	ਹੇ ਨਾਨਕ! ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਹੋਏ ਮਨੁੱਖ (ਅਸਲ) ਤਿਆਗੀ ਹਨ, ਨਾਮ ਦੀ ਬਰਕਤਿ ਨਾਲ ਉਹਨਾਂ ਦਾ ਹਰੇਕ ਕੰਮ ਸਫਲ ਹੋ ਜਾਂਦਾ ਹੈ ॥੧੬॥੩॥੧੨॥
45255	1056	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	

45256	1056	ਮੇਰੈ ਪ੍ਰਭਿ ਸਾਚੈ ਇਕੁ ਖੇਲੁ ਰਚਾਇਆ॥	ਖੇਲੁ	Maerai Prabh Saachai Eik Khael Rachaaeiaa ||	My True Lord God has staged a play.	ਸਦਾ-ਥਿਰ ਰਹਿਣ ਵਾਲੇ ਮੇਰੇ ਪ੍ਰਭੂ ਨੇ (ਇਹ ਜਗਤ) ਇਕ ਤਮਾਸ਼ਾ ਰਚਿਆ ਹੋਇਆ ਹੈ,
45257	1056	ਕੋਇ ਨ ਕਿਸ ਹੀ ਜੇਹਾ ਉਪਾਇਆ॥		Koe N Kis Hee Jaehaa Oupaaeiaa ||	He has created no one like anyone else.	(ਇਸ ਵਿਚ ਉਸ ਨੇ) ਕੋਈ ਜੀਵ ਕਿਸੇ ਦੂਜੇ ਵਰਗਾ ਨਹੀਂ ਬਣਾਇਆ।
45258	1056	ਆਪੇ ਫਰਕੁ ਕਰੇ ਵੇਖਿ ਵਿਗਸੈ ਸਭਿ ਰਸ ਦੇਹੀ ਮਾਹਾ ਹੇ॥੧॥		Aapae Farak Karae Vaekh Vigasai Sabh Ras Dhaehee Maahaa Hae ||1||	He made them different, and he gazes upon them with pleasure; he placed all the flavors in the body. ||1||	ਆਪ ਹੀ (ਜੀਵਾਂ ਵਿਚ) ਫ਼ਰਕ ਪੈਦਾ ਕਰਦਾ ਹੈ, ਤੇ (ਇਹ ਫ਼ਰਕ) ਵੇਖ ਕੇ ਖ਼ੁਸ਼ ਹੁੰਦਾ ਹੈ। (ਫਿਰ ਉਸ ਨੇ) ਸਰੀਰ ਦੇ ਵਿਚ ਸਾਰੇ ਹੀ ਚਸਕੇ ਪੈਦਾ ਕਰ ਦਿੱਤੇ ਹਨ ॥੧॥
45259	1056	ਵਾਜੈ ਪਉਣੁ ਤੈ ਆਪਿ ਵਜਾਏ॥		Vaajai Poun Thai Aap Vajaaeae ||	You Yourself vibrate the beat of the breath.	ਹੇ ਪ੍ਰਭੂ! (ਤੇਰੀ ਆਪਣੀ ਕਲਾ ਨਾਲ ਹਰੇਕ ਸਰੀਰ ਵਿਚ) ਸੁਆਸਾਂ ਦਾ ਵਾਜਾ ਵੱਜ ਰਿਹਾ ਹੈ (ਸੁਆਸ ਚੱਲ ਰਿਹਾ ਹੈ), ਤੂੰ ਆਪ ਹੀ ਇਹ ਸੁਆਸਾਂ ਦੇ ਵਾਜੇ ਵਜਾ ਰਿਹਾ ਹੈਂ।
45260	1056	ਸਿਵ ਸਕਤੀ ਦੇਹੀ ਮਹਿ ਪਾਏ॥		Siv Sakathee Dhaehee Mehi Paaeae ||	Shiva and Shakti, energy and matter - You have placed them into the body.	ਪਰਮਾਤਮਾ ਨੇ ਸਰੀਰ ਵਿਚ ਜੀਵਾਤਮਾ ਤੇ ਮਾਇਆ (ਦੋਵੇਂ ਹੀ) ਪਾ ਦਿੱਤੇ ਹਨ।

45261	1056	ਗੁਰ ਪਰਸਾਦੀ ਉਲਟੀ ਹੋਵੈ ਗਿਆਨ ਰਤਨੁ ਸਬਦੁ ਤਾਹਾ ਹੇ॥੨॥		Gur Parasaadhee Oulattee Hovai Giaan Rathan Sabadh Thaahaa Hae ||2||	By Guru's Grace, one turns away from the world, and attains the jewel of spiritual wisdom, and the Word of the Shabad. ||2||	ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੀ ਸੁਰਤ ਮਾਇਆ ਵਲੋਂ ਪਰਤਦੀ ਹੈ, ਉਸ ਨੂੰ ਆਤਮਕ ਜੀਵਨ ਵਾਲਾ ਸ੍ਰੇਸ਼ਟ ਗੁਰ ਸ਼ਬਦ ਪ੍ਰਾਪਤ ਹੋ ਜਾਂਦਾ ਹੈ ॥੨॥
45262	1056	ਅੰਧੇਰਾ ਚਾਨਣੁ ਆਪੇ ਕੀਆ॥	ਮ:੨ ਜੀ ਨੇ ਦਾਸਨਦਾਸ ਦੇ ਅੰਦਰ ਅੰਧੇਰਾ ਮੇਟ ਕੇ ਚਾਨਣੁ ਆਪੇ ਹੀ ਕੀਤਾ	Andhhaeraa Chaanan Aapae Keeaa ||	He Himself created darkness and light.	(ਮਾਇਆ ਦੇ ਮੋਹ ਦਾ) ਹਨੇਰਾ ਅਤੇ (ਆਤਮਕ ਜੀਵਨ ਦੀ ਸੂਝ ਦਾ) ਚਾਨਣ ਪ੍ਰਭੂ ਨੇ ਆਪ ਹੀ ਬਣਾਇਆ ਹੈ।
45263	1056	ਏਕੋ ਵਰਤੈ ਅਵਰੁ ਨ ਬੀਆ॥		Eaeko Varathai Avar N Beeaa ||	He alone is pervasive; there is no other at all.	(ਸਾਰੇ ਜਗਤ ਵਿਚ ਪਰਮਾਤਮਾ) ਆਪ ਹੀ ਵਿਆਪਕ ਹੈ, (ਉਸ ਤੋਂ ਬਿਨਾ) ਕੋਈ ਹੋਰ ਨਹੀਂ ਹੈ।
45264	1056	ਗੁਰ ਪਰਸਾਦੀ ਆਪੁ ਪਛਾਣੈ ਕਮਲੁ ਬਿਗਸੈ ਬੁਧਿ ਤਾਹਾ ਹੇ॥੩॥		Gur Parasaadhee Aap Pashhaanai Kamal Bigasai Budhh Thaahaa Hae ||3||	One who realizes his own self - by Guru's Grace, the lotus of his mind blossoms forth. ||3||	ਜਿਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ, ਉਸ ਦਾ ਹਿਰਦਾ-ਕੌਲ-ਫੁੱਲ ਖਿੜਿਆ ਰਹਿੰਦਾ ਹੈ, ਉਸ ਨੂੰ (ਆਤਮਕ ਜੀਵਨ ਦੀ ਪਰਖ ਕਰਨ ਵਾਲੀ) ਅਕਲ ਪ੍ਰਾਪਤ ਹੋਈ ਰਹਿੰਦੀ ਹੈ ॥੩॥
45265	1056	ਅਪਣੀ ਗਹਣਗਤਿ ਆਪੇ ਜਾਣੈ॥	(ਗਹਣ-ਗਤਿ) ਪ੍ਰਾਪਤੀ ਦੀ ਅਵਸਥਾ	Apanee Gehan Gath Aapae Jaanai ||	Only He Himself knows His depth and extent.	ਆਪਣੀ ਡੂੰਘੀ ਆਤਮਕ ਅਵਸਥਾ ਪਰਮਾਤਮਾ ਆਪ ਹੀ ਜਾਣਦਾ ਹੈ।

45266	1056	ਹੋਰੁ ਲੋਕੁ ਸੁਣਿ ਸੁਣਿ ਆਖਿ ਵਖਾਣੈ॥		Hor Lok Sun Sun Aakh Vakhaanai ||	Other people can only listen and hear what is spoken and said.	ਜਗਤ ਤਾਂ (ਦੂਜਿਆਂ ਪਾਸੋਂ) ਸੁਣ ਸੁਣ ਕੇ (ਫਿਰ) ਆਖ ਕੇ (ਹੋਰਨਾਂ ਨੂੰ) ਸੁਣਾਂਦਾ ਹੈ।
45267	1056	ਗਿਆਨੀ ਹੋਵੈ ਸੁ ਗੁਰਮੁਖਿ ਬੂਝੈ ਸਾਚੀ ਸਿਫਤਿ ਸਲਾਹਾ ਹੇ॥੪॥		Giaanee Hovai S Guramukh Boojhai Saachee Sifath Salaahaa Hae ||4||	One who is spiritually wise, understands himself as Gurmukh; he praises the True Lord. ||4||	ਜਿਹੜਾ ਮਨੁੱਖ ਆਤਮਕ ਜੀਵਨ ਦੀ ਸੂਝ ਵਾਲਾ ਹੋ ਜਾਂਦਾ ਹੈ, ਉਹ ਗੁਰੂ ਦੇ ਸਨਮੁਖ ਰਹਿ ਕੇ (ਇਸ ਭੇਤ ਨੂੰ) ਸਮਝਦਾ ਹੈ, ਤੇ, ਉਹ ਪ੍ਰਭੂ ਦੀ ਸਦਾ ਕਾਇਮ ਰਹਿਣ ਵਾਲੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹੈ ॥੪॥
45268	1056	ਦੇਹੀ ਅੰਦਰਿ ਵਸਤੁ ਅਪਾਰਾ॥		Dhaehee Andhar Vasath Apaaraa ||	Deep within the body is the priceless object.	ਮਨੁੱਖ ਦੇ ਸਰੀਰ ਵਿਚ (ਹੀ) ਬੇਅੰਤ ਪਰਮਾਤਮਾ ਦਾ ਨਾਮ-ਪਦਾਰਥ (ਮੌਜੂਦ) ਹੈ,
45269	1056	ਆਪੇ ਕਪਟ ਖੁਲਾਵਣਹਾਰਾ॥		Aapae Kapatt Khulaavanehaaraa ||	He Himself opens the doors.	(ਪਰ ਮਨੁੱਖ ਦੀ ਮੱਤ ਦੇ ਦੁਆਲੇ ਮਾਇਆ ਦੇ ਮੋਹ ਦੇ ਭਿੱਤ ਵੱਜੇ ਰਹਿੰਦੇ ਹਨ), ਪਰਮਾਤਮਾ ਆਪ ਹੀ ਇਹਨਾਂ ਕਿਵਾੜਾਂ ਨੂੰ ਖੋਲ੍ਹਣ ਦੇ ਸਮਰੱਥ ਹੈ।
45270	1056	ਗੁਰਮੁਖਿ ਸਹਜੇ ਅੰਮ੍ਰਿਤੁ ਪੀਵੈ ਤ੍ਰਿਸਨਾ ਅਗਨਿ ਬੁਝਾਹਾ ਹੇ॥੫॥	ਬੁੱਝਾਹਾ	Guramukh Sehajae Anmrith Peevai Thrisanaa Agan Bujhaahaa Hae ||5||	The Gurmukh intuitively drings in the Ambrosial Nectar, and the fire of desire is quenched. ||5||	ਜਿਹੜਾ ਮਨੁੱਖ ਗੁਰੂ ਦੀ ਰਾਹੀਂ ਆਤਮਕ ਅਡੋਲਤਾ ਵਿਚ ਟਿਕ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਹੈ (ਉਹ ਮਨੁੱਖ ਆਪਣੇ ਅੰਦਰੋਂ ਮਾਇਆ ਦੀ) ਤ੍ਰਿਸ਼ਨਾ ਦੀ ਅੱਗ ਬੁਝਾ ਲੈਂਦਾ ਹੈ ॥੫॥

45271	1056	ਸਭਿ ਰਸ ਦੇਹੀ ਅੰਦਰਿ ਪਾਏ॥		Sabh Ras Dhaehee Andhar Paaeae ||	He placed all the flavors within the body.	ਪਰਮਾਤਮਾ ਨੇ ਮਨੁੱਖ ਦੇ ਸਰੀਰ ਵਿਚ ਹੀ ਸਾਰੇ ਚਸਕੇ ਭੀ ਪਾ ਦਿੱਤੇ ਹੋਏ ਹਨ (ਨਾਮ-ਵਸਤੂ ਨੂੰ ਇਹ ਕਿਵੇਂ ਲੱਭੇ?)।
45272	1056	ਵਿਰਲੇ ਕਉ ਗੁਰੁ ਸਬਦੁ ਬੁਝਾਏ॥		Viralae Ko Gur Sabadh Bujhaaeae ||	How rare are those who understand, through the Word of the Guru's Shabad.	ਕਿਸੇ ਵਿਰਲੇ ਨੂੰ ਗੁਰੂ (ਆਪਣੇ) ਸ਼ਬਦ ਦੀ ਸੂਝ ਬਖ਼ਸ਼ਦਾ ਹੈ।
45273	1056	ਅੰਦਰੁ ਖੋਜੇ ਸਬਦੁ ਸਾਲਾਹੇ ਬਾਹਰਿ ਕਾਹੇ ਜਾਹਾ ਹੇ॥੬॥		Andhar Khojae Sabadh Saalaahae Baahar Kaahae Jaahaa Hae ||6||	So search within yourself, and praise the Shabad. Why run around outside your self? ||6||	ਉਹ ਮਨੁੱਖ ਆਪਣਾ ਅੰਦਰ ਖੋਜਦਾ ਹੈ, ਸ਼ਬਦ (ਨੂੰ ਹਿਰਦੇ ਵਿਚ ਵਸਾ ਕੇ ਪਰਮਾਤਮਾ ਦੀ) ਸਿਫ਼ਤ-ਸਾਲਾਹ ਕਰਦਾ ਹੈ, ਫਿਰ ਉਹ ਬਾਹਰ ਭਟਕਦਾ ਨਹੀਂ ॥੬॥
45274	1056	ਵਿਣੁ ਚਾਖੇ ਸਾਦੁ ਕਿਸੈ ਨ ਆਇਆ॥		Vin Chaakhae Saadh Kisai N Aaeiaa ||	Without tasting, no one enjoys the flavor.	(ਨਾਮ-ਅੰਮ੍ਰਿਤ ਮਨੁੱਖ ਦੇ ਅੰਦਰ ਹੀ ਹੈ, ਪਰ) ਚੱਖਣ ਤੋਂ ਬਿਨਾ ਕਿਸੇ ਨੂੰ (ਉਸ ਦਾ) ਸੁਆਦ ਨਹੀਂ ਆਉਂਦਾ।
45275	1056	ਗੁਰ ਕੈ ਸਬਦਿ ਅੰਮ੍ਰਿਤੁ ਪੀਆਇਆ॥		Gur Kai Sabadh Anmrith Peeaaeiaa ||	Through the Word of the Guru's Shabad, one drinks in the Ambrosial Nectar.	ਜਿਸ ਮਨੁੱਖ ਨੂੰ ਗੁਰੂ ਦੇ ਸ਼ਬਦ ਵਿਚ ਜੋੜ ਕੇ ਪਰਮਾਤਮਾ ਇਹ ਅੰਮ੍ਰਿਤ ਪਿਲਾਂਦਾ ਹੈ,

45276	1056	ਅੰਮ੍ਰਿਤੁ ਪੀ ਅਮਰਾਪਦੁ ਹੋਏ ਗੁਰ ਕੈ ਸਬਦਿ ਰਸੁ ਤਾਹਾ ਹੇ॥੭॥		Anmrith Pee Amaraa Padh Hoeae Gur Kai Sabadh Ras Thaahaa Hae ||7||	The Ambrosial Nectar is drunk, and the immoral status is obtained, when one obtains the sublime essence of the Guru's Shabad. ||7||	ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਉਹ ਨਾਮ-ਜਲ ਪੀ ਕੇ ਉਸ ਅਵਸਥਾ ਤੇ ਪਹੁੰਚ ਜਾਂਦਾ ਹੈ ਜਿਥੇ ਆਤਮਕ ਮੌਤ ਆਪਣਾ ਅਸਰ ਨਹੀਂ ਪਾ ਸਕਦੀ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਸ ਨੂੰ (ਨਾਮ-ਅੰਮ੍ਰਿਤ ਦਾ) ਸੁਆਦ ਆ ਜਾਂਦਾ ਹੈ ॥੭॥
45277	1056	ਆਪੁ ਪਛਾਣੈ ਸੋ ਸਭਿ ਗੁਣ ਜਾਣੈ॥		Aap Pashhaanai So Sabh Gun Jaanai ||	One who realizes himself, knows all virtues.	ਜਿਹੜਾ ਮਨੁੱਖ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ, ਉਹ ਸਾਰੇ (ਰੱਬੀ) ਗੁਣਾਂ ਨਾਲ ਸਾਂਝ ਪਾਂਦਾ ਹੈ।
45278	1057	ਗੁਰ ਕੈ ਸਬਦਿ ਹਰਿ ਨਾਮੁ ਵਖਾਣੈ॥		Gur Kai Sabadh Har Naam Vakhaanai ||	Through the Word of the Guru's Shabad, he chants the Name of the Lord.	ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਮਨੁੱਖ ਪਰਮਾਤਮਾ ਦਾ ਨਾਮ ਉਚਾਰਦਾ ਹੈ।
45279	1057	ਅਨਦਿਨੁ ਨਾਮਿ ਰਤਾ ਦਿਨੁ ਰਾਤੀ ਮਾਇਆ ਮੋਹੁ ਚੁਕਾਹਾ ਹੇ॥੮॥		Anadhin Naam Rathaa Dhin Raathee Maaeiaa Mohu Chukaahaa Hae ||8||	Night and day, he remains imbued with the Naam, day and night; he is rid of emotional attachment to Maya. ||8||	ਉਹ ਦਿਨ ਰਾਤ ਹਰ ਵੇਲੇ ਪਰਮਾਤਮਾ ਦੇ ਨਾਮ ਵਿਚ ਮਸਤ ਰਹਿੰਦਾ ਹੈ, (ਤੇ, ਇਸ ਤਰ੍ਹਾਂ ਆਪਣੇ ਅੰਦਰੋਂ) ਮਾਇਆ ਦਾ ਮੋਹ ਦੂਰ ਕਰ ਲੈਂਦਾ ਹੈ ॥੮॥
45280	1057	ਗੁਰ ਸੇਵਾ ਤੇ ਸਭੁ ਕਿਛੁ ਪਾਏ॥		Gur Saevaa Thae Sabh Kishh Paaeae ||	Serving the Guru, all things are obtained;	ਗੁਰੂ ਦੀ ਸਰਨ ਪੈਣ ਨਾਲ ਮਨੁੱਖ ਹਰੇਕ ਚੀਜ਼ ਹਾਸਲ ਕਰ ਲੈਂਦਾ ਹੈ,

45281	1057	ਹਉਮੈ ਮੇਰਾ ਆਪੁ ਗਵਾਏ॥		Houmai Maeraa Aap Gavaaeae ||	Egotism, possessiveness and self-conceit are taken away.	ਉਹ ਮਨੁੱਖ ਹਉਮੈ ਮਮਤਾ ਆਪਾ-ਭਾਵ ਦੂਰ ਕਰ ਲੈਂਦਾ ਹੈ।
45282	1057	ਆਪੇ ਕ੍ਰਿਪਾ ਕਰੇ ਸੁਖਦਾਤਾ ਗੁਰ ਕੈ ਸਬਦੇ ਸੋਹਾ ਹੇ॥੯॥		Aapae Kirapaa Karae Sukhadhaathaa Gur Kai Sabadhae Sohaa Hae ||9||	The Lord, the Giver of peace Himself grants His Grace; He exalts and adorns with the Word of the Guru's Shabad. ||9||	ਜਿਸ ਮਨੁੱਖ ਉੱਤੇ ਸੁਖਾਂ ਦਾ ਦਾਤਾ ਪ੍ਰਭੂ ਕਿਰਪਾ ਕਰਦਾ ਹੈ, ਉਹ ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਆਪਣਾ ਆਤਮਕ ਜੀਵਨ ਸੋਹਣਾ ਬਣਾ ਲੈਂਦਾ ਹੈ ॥੯॥
45283	1057	ਗੁਰ ਕਾ ਸਬਦੁ ਅੰਮ੍ਰਿਤ ਹੈ ਬਾਣੀ॥		Gur Kaa Sabadh Anmrith Hai Baanee ||	The Guru's Shabad is the Ambrosial Bani.	ਗੁਰੂ ਦਾ ਸ਼ਬਦ ਆਤਮਕ ਜੀਵਨ ਦੇਣ ਵਾਲੀ ਬਾਣੀ ਹੈ,
45284	1057	ਅਨ ਦਿਨੁ ਹਰਿ ਕਾ ਨਾਮੁ ਵਖਾਣੀ॥		Anadhin Har Kaa Naam Vakhaanee ||	Night and day, chant the Name of the Lord.	(ਇਸ ਵਿਚ ਜੁੜ ਕੇ) ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਿਆ ਕਰ।
45285	1057	ਹਰਿ ਹਰਿ ਸਚਾ ਵਸੈ ਘਟ ਅੰਤਰਿ ਸੋ ਘਟੁ ਨਿਰਮਲੁ ਤਾਹਾ ਹੇ॥੧੦॥		Har Har Sachaa Vasai Ghatt Anthar So Ghatt Niramal Thaahaa Hae ||10||	That heart becomes immaculate, which is filled with the True Lord, Har, Har. ||10||	ਜਿਸ ਮਨੁੱਖ ਦੇ ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆ ਵੱਸਦਾ ਹੈ, ਉਸ ਮਨੁੱਖ ਦਾ ਉਹ ਹਿਰਦਾ ਪਵਿੱਤਰ ਹੋ ਜਾਂਦਾ ਹੈ ॥੧੦॥
45286	1057	ਸੇਵਕ ਸੇਵਹਿ ਸਬਦਿ ਸਲਾਹਹਿ॥	ਸਲਾ–ਹਹਿ	Saevak Saevehi Sabadh Salaahehi ||	His servants serve, and praise His Shabad.	(ਪ੍ਰਭੂ ਦੇ) ਸੇਵਕ (ਗੁਰੂ ਦੇ) ਸ਼ਬਦ ਦੀ ਰਾਹੀਂ (ਪ੍ਰਭੂ ਦੀ) ਸੇਵਾ-ਭਗਤੀ ਕਰਦੇ ਹਨ, ਸਿਫ਼ਤ-ਸਾਲਾਹ ਕਰਦੇ ਹਨ,

45287	1057	ਸਦਾ ਰੰਗਿ ਰਾਤੇ ਹਰਿ ਗੁਣ ਗਾਵਹਿ॥		Sadhaa Rang Raathae Har Gun Gaavehi ||	Imbued forever with the color of His Love, they sing the Glorious Praises of the Lord.	ਪ੍ਰਭੂ ਦੇ ਪ੍ਰੇਮ-ਰੰਗ ਵਿਚ ਮਸਤ ਹੋ ਕੇ ਸਦਾ ਪ੍ਰਭੂ ਦੇ ਗੁਣ ਗਾਂਦੇ ਰਹਿੰਦੇ ਹਨ।
45288	1057	ਆਪੇ ਬਖਸੇ ਸਬਦਿ ਮਿਲਾਏ ਪਰਮਲ ਵਾਸੁ ਮਨਿ ਤਾਹਾ ਹੇ॥੧੧॥		Aapae Bakhasae Sabadh Milaaeae Paramal Vaas Man Thaahaa Hae ||11||	He Himself forgives, and unites them with the Shabad; the fragrance of sandalwood permeates their minds. ||11||	ਜਿਸ ਮਨੁੱਖ ਨੂੰ ਪ੍ਰਭੂ ਆਪ ਹੀ ਮਿਹਰ ਕਰ ਕੇ (ਗੁਰੂ ਦੇ) ਸ਼ਬਦ ਵਿਚ ਜੋੜਦਾ ਹੈ, ਉਸ ਮਨੁੱਖ ਦੇ ਮਨ ਵਿਚ (ਮਾਨੋ) ਚੰਦਨ ਦੀ ਸੁਗੰਧੀ ਪੈਦਾ ਹੋ ਜਾਂਦੀ ਹੈ ॥੧੧॥
45289	1057	ਸਬਦੇ ਅਕਥੁ ਕਥੇ ਸਾਲਾਹੇ॥	ਅ-ਕਥੁ: ਪੋਲਾ ਬੋਲੋ	Sabadhae Akathh Kathhae Saalaahae ||	Through the Shabad, they speak the Unspoken, and praise the Lord.	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਅਕੱਥ ਪ੍ਰਭੂ ਦੇ ਗੁਣ ਬਿਆਨ ਕਰਦਾ ਰਹਿੰਦਾ ਹੈ,
45290	1057	ਮੇਰੇ ਪ੍ਰਭ ਸਾਚੇ ਵੇਪਰਵਾਹੇ॥		Maerae Prabh Saachae Vaeparavaahae ||	My True Lord God is self-sufficient.	ਸਦਾ-ਥਿਰ ਵੇਪਰਵਾਹ ਮੇਰੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹੈ,
45291	1057	ਆਪੇ ਗੁਣਦਾਤਾ ਸਬਦਿ ਮਿਲਾਏ ਸਬਦੈ ਕਾ ਰਸੁ ਤਾਹਾ ਹੇ॥੧੨॥		Aapae Gunadhaathaa Sabadh Milaaeae Sabadhai Kaa Ras Thaahaa Hae ||12||	The Giver of virtue Himself unites them with the Shabad; they enjoy the sublime essence of the Shabad. ||12||	ਗੁਣਾਂ ਦੀ ਦਾਤ ਕਰਨ ਵਾਲਾ ਪ੍ਰਭੂ ਆਪ ਹੀ ਉਸ ਨੂੰ ਗੁਰੂ ਦੇ ਸ਼ਬਦ ਵਿਚ ਜੋੜੀ ਰੱਖਦਾ ਹੈ, ਉਸ ਨੂੰ ਸ਼ਬਦ ਦਾ ਆਨੰਦ ਆਉਣ ਲੱਗ ਪੈਂਦਾ ਹੈ ॥੧੨॥

45292	1057	ਮਨਮੁਖੁ ਭੂਲਾ ਠਉਰ ਨ ਪਾਏ॥		Manamukh Bhoolaa Thour N Paaeae ||	The confused, self-willed manmukhs find no place of rest.	ਮਨ ਦਾ ਮੁਰੀਦ ਮਨੁੱਖ ਜੀਵਨ ਦੇ ਸਹੀ ਰਸਤੇ ਤੋਂ ਖੁੰਝ ਜਾਂਦਾ ਹੈ (ਭਟਕਦਾ ਫਿਰਦਾ ਹੈ, ਉਸ ਨੂੰ ਕੋਈ) ਟਿਕਾਣਾ ਨਹੀਂ ਮਿਲਦਾ।
45293	1057	ਜੋ ਧੁਰਿ ਲਿਖਿਆ ਸੁ ਕਰਮ ਕਮਾਏ॥		Jo Dhhur Likhiaa S Karam Kamaaeae ||	They do those deeds which they are pre-destined to do.	(ਪਰ ਉਸ ਦੇ ਭੀ ਕੀਹ ਵੱਸ? ਉਸ ਦੇ ਪਿਛਲੇ ਕੀਤੇ ਕਰਮਾਂ ਅਨੁਸਾਰ) ਜੋ ਕੁਝ ਧੁਰੋਂ ਉਸ ਦੇ ਮੱਥੇ ਤੇ ਲਿਖਿਆ ਗਿਆ ਹੈ ਉਹ ਕਰਮ ਉਹ ਹੁਣ ਕਰ ਰਿਹਾ ਹੈ।
45294	1057	ਬਿਖਿਆ ਰਾਤੇ ਬਿਖਿਆ ਖੋਜੈ ਮਰਿ ਜਨਮੈ ਦੁਖੁ ਤਾਹਾ ਹੇ॥੧੩॥		Bikhiaa Raathae Bikhiaa Khojai Mar Janamai Dhukh Thaahaa Hae ||13||	Imbued with poison, they search out poison, and suffer the pains of death and rebirth. ||13||	ਮਾਇਆ (ਦੇ ਰੰਗ ਵਿਚ) ਮਸਤ ਹੋਣ ਕਰਕੇ ਉਹ (ਹੁਣ ਭੀ) ਮਾਇਆ ਦੀ ਭਾਲ ਹੀ ਕਰਦਾ ਫਿਰਦਾ ਹੈ, ਕਦੇ ਮਰਦਾ ਹੈ ਕਦੇ ਜੰਮਦਾ ਹੈ (ਕਦੇ ਹਰਖ ਕਦੇ ਸੋਗ), ਇਹ ਦੁੱਖ ਉਸ ਨੂੰ ਵਾਪਰਿਆ ਰਹਿੰਦਾ ਹੈ ॥੧੩॥
45295	1057	ਆਪੇ ਆਪਿ ਆਪਿ ਸਾਲਾਹੇ॥		Aapae Aap Aap Saalaahae ||	He Himself praises Himself.	(ਜੇ ਕੋਈ ਵਡਭਾਗੀ ਸਿਫ਼ਤ-ਸਾਲਾਹ ਕਰ ਰਿਹਾ ਹੈ, ਤਾਂ ਉਸ ਵਿਚ ਬੈਠਾ ਭੀ ਪ੍ਰਭੂ) ਆਪ ਹੀ ਆਪ ਸਿਫ਼ਤ-ਸਾਲਾਹ ਕਰ ਰਿਹਾ ਹੈ।
45296	1057	ਤੇਰੇ ਗੁਣ ਪ੍ਰਭ ਤੁਝ ਹੀ ਮਾਹੇ॥		Thaerae Gun Prabh Thujh Hee Maahae ||	Your Glorious Virtues are within You alone, God.	ਹੇ ਪ੍ਰਭੂ! ਤੇਰੇ ਗੁਣ ਤੇਰੇ ਵਿਚ ਹੀ ਹਨ (ਤੇਰੇ ਵਰਗਾ ਹੋਰ ਕੋਈ ਨਹੀਂ)।

45297	1057	ਤੂ ਆਪਿ ਸਚਾ ਤੇਰੀ ਬਾਣੀ ਸਚੀ ਆਪੇ ਅਲਖੁ ਅਥਾਹਾ ਹੇ॥੧੪॥		Thoo Aap Sachaa Thaeree Baanee Sachee Aapae Alakh Athhaahaa Hae ||14||	You Yourself are True, and True is the Word of Your Bani. You Yourself are invisible and unknowable. ||14||	ਹੇ ਪ੍ਰਭੂ! ਤੂੰ ਆਪ ਅਟੱਲ ਹੈਂ, ਤੇਰੀ ਸਿਫ਼ਤ-ਸਾਲਾਹ ਦੀ ਬਾਣੀ ਅਟੱਲ ਹੈ, ਤੂੰ ਆਪ ਹੀ ਅਲੱਖ ਤੇ ਅਥਾਹ ਹੈਂ ॥੧੪॥
45298	1057	ਬਿਨੁ ਗੁਰ ਦਾਤੇ ਕੋਇ ਨ ਪਾਏ॥		Bin Gur Dhaathae Koe N Paaeae ||	Without the Guru, the Giver, no one finds the Lord,	ਸਿਫ਼ਤ-ਸਾਲਾਹ ਦੀ ਦਾਤ ਦੇਣ ਵਾਲੇ ਗੁਰੂ ਤੋਂ ਬਿਨਾ ਉਹ ਨਾਮ ਦੀ ਦਾਤ ਹਾਸਲ ਨਹੀਂ ਕਰ ਸਕਦਾ,
45299	1057	ਲਖ ਕੋਟੀ ਜੇ ਕਰਮ ਕਮਾਏ॥		Lakh Kottee Jae Karam Kamaaeae ||	Though one may make hundreds of thousands and millions of attempts.	ਜੇ (ਕੋਈ ਮਨਮੁਖ ਨਾਮ ਤੋਂ ਬਿਨਾ ਹੋਰ ਹੋਰ ਧਾਰਮਿਕ ਮਿਥੇ ਹੋਏ) ਲੱਖਾਂ ਕ੍ਰੋੜਾਂ ਕਰਮ ਕਰਦਾ ਫਿਰੇ (ਤਾਂ ਵੀ ਆਪਣੇ ਜਤਨ ਨਾਲ ਨਾਮ ਦੀ ਦਾਤ ਪ੍ਰਾਪਤ ਨਹੀਂ ਕਰ ਸਕਦਾ)।
45300	1057	ਗੁਰ ਕਿਰਪਾ ਤੇ ਘਟ ਅੰਤਰਿ ਵਸਿਆ ਸਬਦੇ ਸਚੁ ਸਾਲਾਹਾ ਹੇ॥੧੫॥		Gur Kirapaa Thae Ghatt Anthar Vasiaa Sabadhae Sach Saalaahaa Hae ||15||	By Guru's Grace, He dwells deep within the heart; through the Shabad, praise the True Lord. ||15||	ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੇ ਹਿਰਦੇ ਵਿਚ ਹਰਿ-ਨਾਮ ਆ ਵੱਸਦਾ ਹੈ, ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹੈ ॥੧੫॥
45301	1057	ਸੇ ਜਨ ਮਿਲੇ ਧੁਰਿ ਆਪਿ ਮਿਲਾਏ॥		Sae Jan Milae Dhhur Aap Milaaeae ||	They alone meet Him, whom the Lord unites with Himself.	ਜਿਨ੍ਹਾਂ ਮਨੁੱਖਾਂ ਨੂੰ ਧੁਰੋਂ ਆਪਣੇ ਹੁਕਮ ਨਾਲ ਪ੍ਰਭੂ ਆਪਣੇ ਚਰਨਾਂ ਵਿਚ ਮਿਲਾਂਦਾ ਹੈ ਉਹੀ ਮਿਲਦੇ ਹਨ।

45302	1057	ਸਾਚੀ ਬਾਣੀ ਸਬਦਿ ਸੁਹਾਏ॥		Saachee Baanee Sabadh Suhaaeae ||	They are adorned and exalted with the True Word of His Bani, and the Shabad.	ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ ਗੁਰੂ ਦੇ ਸ਼ਬਦ ਦੀ ਰਾਹੀਂ ਉਹਨਾਂ ਦੇ ਜੀਵਨ ਸੋਹਣੇ ਬਣ ਜਾਂਦੇ ਹਨ।
45303	1057	ਨਾਨਕ ਜਨੁ ਗੁਣ ਗਾਵੈ ਨਿਤ ਸਾਚੇ ਗੁਣ ਗਾਵਹ ਗੁਣੀ ਸਮਾਹਾ ਹੇ॥੧੬॥੪॥੧੩॥		Naanak Jan Gun Gaavai Nith Saachae Gun Gaaveh Gunee Samaahaa Hae ||16||4||13||	Servant Nanak continually sings the Glorious Praises of the True Lord; singing His Glories, he is immersed in the Glorious Lord of Virtue. ||16||4||13||	ਹੇ ਨਾਨਕ! ਪ੍ਰਭੂ ਦਾ ਸੇਵਕ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦਾ ਹੈ। ਆਓ, ਅਸੀਂ ਭੀ ਗੁਣ ਗਾਵੀਏ। (ਜਿਹੜਾ ਮਨੁੱਖ ਗੁਣ ਗਾਂਦਾ ਹੈ, ਉਹ) ਗੁਣਾਂ ਦੇ ਮਾਲਕ ਪ੍ਰਭੂ ਵਿਚ ਲੀਨ ਹੋ ਜਾਂਦਾ ਹੈ ॥੧੬॥੪॥੧੩॥
45304	1057	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
45305	1057	ਨਿਹਚਲੁ ਏਕੁ ਸਦਾ ਸਚੁ ਸੋਈ॥		Nihachal Eaek Sadhaa Sach Soee ||	The One Lord is eternal and unchanging, forever True.	ਸਦਾ ਕਾਇਮ ਰਹਿਣ ਵਾਲਾ ਅਟੱਲ ਸਿਰਫ਼ ਉਹ ਪਰਮਾਤਮਾ ਹੀ ਹੈ।
45306	1057	ਪੂਰੇ ਗੁਰ ਤੇ ਸੋਝੀ ਹੋਈ॥		Poorae Gur Thae Sojhee Hoee ||	Through the Perfect Guru, this understanding is obtained.	ਪੂਰੇ ਗੁਰੂ ਪਾਸੋਂ ਜਿਨ੍ਹਾਂ ਮਨੁੱਖਾਂ ਨੂੰ ਇਹ ਸਮਝ ਆ ਜਾਂਦੀ ਹੈ,

45307	1057	ਹਰਿ ਰਸਿ ਭੀਨੇ ਸਦਾ ਧਿਆਇਨਿ ਗੁਰਮਤਿ ਸੀਲੁ ਸੰਨਾਹਾ ਹੇ॥੧॥		Har Ras Bheenae Sadhaa Dhhiaaein Guramath Seel Sannaahaa Hae ||1||	Those who are drenched with the sublime essence of the Lord, meditate forever on Him; following the Guru's Teachings, they obtain the armor of humility. ||1||	ਉਹ ਪਰਮਾਤਮਾ ਦੇ ਨਾਮ-ਰਸ ਵਿਚ ਭਿੱਜੇ ਰਹਿੰਦੇ ਹਨ, ਸਦਾ ਪਰਮਾਤਮਾ ਦਾ ਸਿਮਰਨ ਕਰਦੇ ਹਨ, ਗੁਰੂ ਦੀ ਮੱਤ ਉੱਤੇ ਤੁਰ ਕੇ ਉਹ ਮਨੁੱਖ ਚੰਗੇ ਆਚਰਨ ਦਾ ਸੰਜੋਅ (ਪਹਿਨੀ ਰੱਖਦੇ ਹਨ, ਜਿਸ ਕਰਕੇ ਕੋਈ ਵਿਕਾਰ ਉਹਨਾਂ ਉਤੇ ਹੱਲਾ ਨਹੀਂ ਕਰ ਸਕਦੇ) ॥੧॥
45308	1057	ਅੰਦਰਿ ਰੰਗੁ ਸਦਾ ਸਚਿਆਰਾ॥		Andhar Rang Sadhaa Sachiaaraa ||	Deep within, they love the True Lord forever.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਪਿਆਰ ਹੈ, ਉਹ ਸਦਾ ਸੁਰਖ਼ਰੂ ਹੈ।
45309	1057	ਗੁਰ ਕੈ ਸਬਦਿ ਹਰਿ ਨਾਮਿ ਪਿਆਰਾ॥		Gur Kai Sabadh Har Naam Piaaraa ||	Through the Word of the Guru's Shabad, they love the Lord's Name.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਪ੍ਰਭੂ ਦੇ ਨਾਮ ਵਿਚ ਪ੍ਰੇਮ ਬਣਾਈ ਰੱਖਦਾ ਹੈ।
45310	1057	ਨਉ ਨਿਧਿ ਨਾਮੁ ਵਸਿਆ ਘਟ ਅੰਤਰਿ ਛੋਡਿਆ ਮਾਇਆ ਕਾ ਲਾਹਾ ਹੇ॥੨॥		No Nidhh Naam Vasiaa Ghatt Anthar Shhoddiaa Maaeiaa Kaa Laahaa Hae ||2||	The Naam, the embodiment of the nine treasures, abides within their hearts; they renounce the profit of Maya. ||2||	ਉਸ ਦੇ ਹਿਰਦੇ ਵਿਚ ਸਾਰੇ ਹੀ ਸੁਖਾਂ ਤੇ ਪਦਾਰਥਾਂ ਦਾ ਖ਼ਜ਼ਾਨਾ ਹਰਿ-ਨਾਮ ਵੱਸਦਾ ਹੈ, ਉਹ ਮਾਇਆ ਨੂੰ ਅਸਲ ਖੱਟੀ ਮੰਨਣਾ ਛੱਡ ਦੇਂਦਾ ਹੈ ॥੨॥
45311	1057	ਰਈਅਤਿ ਰਾਜੇ ਦੁਰਮਤਿ ਦੋਈ॥		Reeath Raajae Dhuramath Dhoee ||	Both the king and his subjects are involved in evil-mindedness and duality.	ਖੋਟੀ ਮੱਤ ਦੇ ਕਾਰਨ ਹਾਕਮ ਤੇ ਪਰਜਾ ਸਭ ਦੁਬਿਧਾ ਵਿਚ ਫਸੇ ਰਹਿੰਦੇ ਹਨ।

45312	1057	ਬਿਨੁ ਸਤਿਗੁਰ ਸੇਵੇ ਏਕੁ ਨ ਹੋਈ॥		Bin Sathigur Saevae Eaek N Hoee ||	Without serving the True Guru, they do not become one with the Lord.	ਗੁਰੂ ਦੀ ਸਰਨ ਪੈਣ ਤੋਂ ਬਿਨਾ ਕਿਸੇ ਦੇ ਅੰਦਰ ਇਕ ਪਰਮਾਤਮਾ ਦਾ ਪਰਕਾਸ਼ ਨਹੀਂ ਹੁੰਦਾ।
45313	1057	ਏਕੁ ਧਿਆਇਨਿ ਸਦਾ ਸੁਖੁ ਪਾਇਨਿ ਨਿਹਚਲੁ ਰਾਜੁ ਤਿਨਾਹਾ ਹੇ॥੩॥		Eaek Dhhiaaein Sadhaa Sukh Paaein Nihachal Raaj Thinaahaa Hae ||3||	Those who meditate on the One Lord find eternal peace. Their power is eternal and unfailing. ||3||	ਜਿਹੜੇ ਮਨੁੱਖ ਸਿਰਫ਼ ਪਰਮਾਤਮਾ ਨੂੰ ਸਿਮਰਦੇ ਹਨ, ਉਹ ਆਤਮਕ ਆਨੰਦ ਮਾਣਦੇ ਹਨ। ਉਹਨਾਂ ਨੂੰ ਅਟੱਲ (ਆਤਮਕ) ਰਾਜ ਮਿਲਿਆ ਰਹਿੰਦਾ ਹੈ ॥੩॥
45314	1057	ਆਵਣੁ ਜਾਣਾ ਰਖੈ ਨ ਕੋਈ॥		Aavan Jaanaa Rakhai N Koee ||	No one can save them from coming and going.	(ਪਰਮਾਤਮਾ ਤੋਂ ਬਿਨਾ ਹੋਰ) ਕੋਈ ਜਨਮ ਮਰਨ ਦੇ ਗੇੜ ਤੋਂ ਬਚਾ ਨਹੀਂ ਸਕਦਾ।
45315	1057	ਜੰਮਣੁ ਮਰਣੁ ਤਿਸੈ ਤੇ ਹੋਈ॥		Janman Maran Thisai Thae Hoee ||	Birth and death come from Him.	ਇਹ ਜਨਮ ਮਰਨ (ਦਾ ਚੱਕਰ) ਉਸ ਪਰਮਾਤਮਾ ਦੀ ਰਜ਼ਾ ਅਨੁਸਾਰ ਹੀ ਹੁੰਦਾ ਹੈ।
45316	1057	ਗੁਰਮੁਖਿ ਸਾਚਾ ਸਦਾ ਧਿਆਵਹੁ ਗਤਿ ਮੁਕਤਿ ਤਿਸੈ ਤੇ ਪਾਹਾ ਹੇ॥੪॥		Guramukh Saachaa Sadhaa Dhhiaavahu Gath Mukath Thisai Thae Paahaa Hae ||4||	The Gurmukh meditates forever on the True Lord. Emancipation and liberation are obtained from Him. ||4||	ਗੁਰੂ ਦੀ ਸਰਨ ਪੈ ਕੇ ਸਦਾ-ਥਿਰ ਪ੍ਰਭੂ ਦਾ ਨਿੱਤ ਸਿਮਰਨ ਕਰਦੇ ਰਹੋ। ਉੱਚੀ ਆਤਮਕ ਅਵਸਥਾ ਤੇ ਵਿਕਾਰਾਂ ਤੋਂ ਖ਼ਲਾਸੀ ਉਸ ਪਰਮਾਤਮਾ ਪਾਸੋਂ ਹੀ ਮਿਲਦੀ ਹੈ ॥੪॥
45317	1057	ਸਚੁ ਸੰਜਮੁ ਸਤਿਗੁਰੂ ਦੁਆਰੈ॥		Sach Sanjam Sathiguroo Dhuaarai ||	Truth and self-control are found through the Door of the True Guru.	ਵਿਕਾਰਾਂ ਤੋਂ ਬਚਣ ਦਾ ਪੱਕਾ ਪ੍ਰਬੰਧ ਗੁਰੂ ਦੇ ਦਰ ਤੇ (ਪ੍ਰਾਪਤ ਹੁੰਦਾ ਹੈ),

45318	1057	ਹਉਮੈ ਕ੍ਰੋਧੁ ਸਬਦਿ ਨਿਵਾਰੈ॥		Houmai Krodhh Sabadh Nivaarai ||	Egotism and anger are silenced through the Shabad.	(ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ) ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਹਉਮੈ ਦੂਰ ਕਰ ਲੈਂਦਾ ਹੈ, ਕ੍ਰੋਧ ਦੂਰ ਕਰ ਲੈਂਦਾ ਹੈ।
45319	1057	ਸਤਿਗੁਰੁ ਸੇਵਿ ਸਦਾ ਸੁਖੁ ਪਾਈਐ ਸੀਲੁ ਸੰਤੋਖੁ ਸਭੁ ਤਾਹਾ ਹੇ॥੫॥		Sathigur Saev Sadhaa Sukh Paaeeai Seel Santhokh Sabh Thaahaa Hae ||5||	Serving the True Guru, lasting peace is found; humility and contentment all come from Him. ||5||	ਗੁਰੂ ਦੀ ਸਰਨ ਪਿਆਂ ਹੀ ਸਦਾ ਆਤਮਕ ਆਨੰਦ ਮਿਲਦਾ ਹੈ। ਚੰਗਾ ਆਚਰਨ, ਸੰਤੋਖ-ਇਹ ਸਭ ਕੁਝ ਗੁਰੂ ਦੇ ਦਰ ਤੇ ਹੀ ਹੈ ॥੫॥
45320	1057	ਹਉਮੈ ਮੋਹੁ ਉਪਜੈ ਸੰਸਾਰਾ॥		Houmai Mohu Oupajai Sansaaraa ||	Out of egotism and attachment, the Universe welled up.	ਸੰਸਾਰ ਵਿਚ ਖਚਿਤ ਰਿਹਾਂ (ਮਨੁੱਖ ਦੇ ਅੰਦਰ) ਹਉਮੈ ਪੈਦਾ ਹੋ ਜਾਂਦੀ ਹੈ, ਮਾਇਆ ਦਾ ਮੋਹ ਪੈਦਾ ਹੋ ਜਾਂਦਾ ਹੈ,
45321	1057	ਸਭੁ ਜਗੁ ਬਿਨਸੈ ਨਾਮੁ ਵਿਸਾਰਾ॥		Sabh Jag Binasai Naam Visaaraa ||	Forgetting the Naam, the Name of the Lord, all the world perishes.	(ਇਹਨਾਂ ਦੇ ਕਾਰਨ) ਪਰਮਾਤਮਾ ਦਾ ਨਾਮ ਭੁਲਾ ਕੇ ਸਾਰਾ ਜਗਤ ਆਤਮਕ ਮੌਤ ਸਹੇੜ ਲੈਂਦਾ ਹੈ।
45322	1057	ਬਿਨੁ ਸਤਿਗੁਰ ਸੇਵੇ ਨਾਮੁ ਨ ਪਾਈਐ ਨਾਮੁ ਸਚਾ ਜਗਿ ਲਾਹਾ ਹੇ॥੬॥		Bin Sathigur Saevae Naam N Paaeeai Naam Sachaa Jag Laahaa Hae ||6||	Without serving the True Guru, the Naam is not obtained. The Naam is the True profit in this world. ||6||	ਗੁਰੂ ਦੀ ਸਰਨ ਪੈਣ ਤੋਂ ਬਿਨਾ ਪਰਮਾਤਮਾ ਦਾ ਨਾਮ ਨਹੀਂ ਮਿਲਦਾ। ਹਰਿ-ਨਾਮ ਹੀ ਜਗਤ ਵਿਚ ਸਦਾ ਕਾਇਮ ਰਹਿਣ ਵਾਲੀ ਖੱਟੀ ਹੈ ॥੬॥

45323	1057	ਸਚਾ ਅਮਰੁ ਸਬਦਿ ਸੁਹਾਇਆ॥		Sachaa Amar Sabadh Suhaaeiaa ||	True is His Will, beauteous and pleasing through the Word of the Shabad.	ਗੁਰੂ ਦੇ ਸ਼ਬਦ ਦੀ ਰਾਹੀਂ (ਜਿਸ ਮਨੁੱਖ ਨੂੰ) ਪਰਮਾਤਮਾ ਦਾ ਅਟੱਲ ਹੁਕਮ ਮਿੱਠਾ ਲੱਗਣ ਲੱਗ ਪੈਂਦਾ ਹੈ,
45324	1057	ਪੰਚ ਸਬਦ ਮਿਲਿ ਵਾਜਾ ਵਾਇਆ॥		Panch Sabadh Mil Vaajaa Vaaeiaa ||	The Panch Shabad, the five primal sounds, vibrate and resonate.	(ਉਸ ਦੇ ਅੰਦਰ ਇਉਂ ਆਨੰਦ ਬਣਿਆ ਰਹਿੰਦਾ ਹੈ, ਜਿਵੇਂ) ਪੰਜ ਹੀ ਕਿਸਮਾਂ ਦੇ ਸਾਜ਼ਾਂ ਨੇ ਮਿਲ ਕੇ ਸੁੰਦਰ ਰਾਗ ਪੈਦਾ ਕੀਤਾ ਹੋਇਆ ਹੈ।
45325	1058	ਸਦਾ ਕਾਰਜੁ ਸਚਿ ਨਾਮਿ ਸੁਹੇਲਾ ਬਿਨੁ ਸਬਦੈ ਕਾਰਜੁ ਕੇਹਾ ਹੇ॥੭॥		Sadhaa Kaaraj Sach Naam Suhaelaa Bin Sabadhai Kaaraj Kaehaa Hae ||7||	Through the True Name, one's actions are forever embellished. Without the Shabad, what can anyone do? ||7||	ਪਰਮਾਤਮਾ ਦੇ ਸਦਾ-ਥਿਰ ਨਾਮ ਵਿਚ ਜੁੜਿਆਂ ਜਨਮ-ਮਨੋਰਥ ਸਫਲ ਹੁੰਦਾ ਹੈ, ਗੁਰੂ ਦੇ ਸ਼ਬਦ ਤੋਂ ਬਿਨਾ ਕਾਹਦਾ ਜਨਮ-ਮਨੋਰਥ? (ਜੀਵਨ ਨਿਸਫਲ ਹੀ ਜਾਂਦਾ ਹੈ) ॥੭॥
45326	1058	ਖਿਨ ਮਹਿ ਹਸੈ ਖਿਨ ਮਹਿ ਰੋਵੈ॥	ਹੱਸੈ	Khin Mehi Hasai Khin Mehi Rovai ||	One instant, he laughs, and the next instant, he cries.	(ਪਰਮਾਤਮਾ ਦੇ ਨਾਮ ਤੋਂ ਖੁੰਝਿਆਂ ਮਨੁੱਖ) ਘੜੀ ਵਿਚ ਹੱਸ ਪੈਂਦਾ ਹੈ ਘੜੀ ਵਿਚ ਰੋ ਪੈਂਦਾ ਹੈ (ਹਰਖ ਸੋਗ ਦੇ ਚੱਕਰ ਵਿਚ ਫਸਿਆ ਰਹਿੰਦਾ ਹੈ, ਸੋ)
45327	1058	ਦੂਜੀ ਦੁਰਮਤਿ ਕਾਰਜੁ ਨ ਹੋਵੈ॥		Dhoojee Dhuramath Kaaraj N Hovai ||	Because of duality and evil-mindedness, his affairs are not resolved.	ਮਾਇਆ ਦੇ ਮੋਹ ਵਿਚ ਫਸਾ ਰੱਖਣ ਵਾਲੀ ਖੋਟੀ ਮੱਤ ਦੀ ਰਾਹੀਂ ਜੀਵਨ-ਮਨੋਰਥ ਸਫਲ ਨਹੀਂ ਹੁੰਦਾ।

45328	1058	ਸੰਜੋਗੁ ਵਿਜੋਗੁ ਕਰਤੈ ਲਿਖਿ ਪਾਏ ਕਿਰਤੁ ਨ ਚਲੈ ਚਲਾਹਾ ਹੇ॥੮॥		Sanjog Vijog Karathai Likh Paaeae Kirath N Chalai Chalaahaa Hae ||8||	Union and separation are pre-ordained by the Creator. Actions already committed cannot be taken back. ||8||	(ਪਰ, ਜੀਵਾਂ ਦੇ ਕੀਹ ਵੱਸ?) (ਹਰਿ-ਨਾਮ ਵਿਚ) ਜੁੜਨਾ ਤੇ (ਹਰਿ-ਨਾਮ ਤੋਂ) ਵਿਛੁੜ ਜਾਣਾ- (ਪਿਛਲੇ ਕੀਤੇ ਕਰਮਾਂ ਅਨੁਸਾਰ) ਕਰਤਾਰ ਨੇ ਆਪ (ਜੀਵਾਂ ਦੇ ਮੱਥੇ ਉਤੇ) ਲਿਖ ਰੱਖੇ ਹਨ, ਇਹ ਪੂਰਬਲੀ ਕਰਮ-ਕਮਾਈ (ਜੀਵ ਪਾਸੋਂ) ਮਿਟਾਇਆਂ ਮਿਟਦੀ ਨਹੀਂ ॥੮॥
45329	1058	ਜੀਵਨ ਮੁਕਤਿ ਗੁਰ ਸਬਦੁ ਕਮਾਏ॥		Jeevan Mukath Gur Sabadh Kamaaeae ||	One who lives the Word of the Guru's Shabad becomes Jivan Mukta - liberated while yet alive.	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਅਨੁਸਾਰ ਜੀਵਨ ਜੀਊਂਦਾ ਹੈ, ਉਹ ਗ੍ਰਿਹਸਤ ਵਿਚ ਰਹਿੰਦਾ ਹੋਇਆ ਹੀ ਨਿਰਲੇਪ ਹੈ,
45330	1058	ਹਰਿ ਸਿਉ ਸਦ ਹੀ ਰਹੈ ਸਮਾਏ॥		Har Sio Sadh Hee Rehai Samaaeae ||	He remains forever immersed in the Lord.	ਉਹ ਸਦਾ ਹੀ ਪਰਮਾਤਮਾ ਦੀ ਯਾਦ ਵਿਚ ਲੀਨ ਰਹਿੰਦਾ ਹੈ।
45331	1058	ਗੁਰ ਕਿਰਪਾ ਤੇ ਮਿਲੈ ਵਡਿਆਈ ਹਉਮੈ ਰੋਗੁ ਨ ਤਾਹਾ ਹੇ॥੯॥		Gur Kirapaa Thae Milai Vaddiaaee Houmai Rog N Thaahaa Hae ||9||	By Guru's Grace, one is blessed with glorious greatness; he is not afflicted by the disease of egotism. ||9||	ਗੁਰੂ ਦੀ ਕਿਰਪਾ ਨਾਲ ਉਸ ਨੂੰ (ਇਸ ਲੋਕ ਤੇ ਪਰਲੋਕ ਵਿਚ) ਆਦਰ ਮਿਲਦਾ ਹੈ, ਉਸ ਦੇ ਅੰਦਰ ਹਉਮੈ ਦਾ ਰੋਗ ਨਹੀਂ ਹੁੰਦਾ ॥੯॥

45332	1058	ਰਸ ਕਸ ਖਾਏ ਪਿੰਡੁ ਵਧਾਏ॥		Ras Kas Khaaeae Pindd Vadhhaaeae ||	Eating tasty delicacies, he fattens up his body	(ਦੂਜੇ ਪਾਸੇ ਵੇਖ ਤਿਆਗੀਆਂ ਦਾ ਹਾਲ। ਜਿਹੜਾ ਮਨੁੱਖ ਆਪਣੇ ਵੱਲੋਂ 'ਤਿਆਗ' ਕਰ ਕੇ ਖੱਟੇ ਮਿੱਠੇ ਕਸੈਲੇ ਆਦਿਕ) ਸਾਰੇ ਰਸਾਂ ਵਾਲੇ ਖਾਣੇ ਖਾਂਦਾ ਰਹਿੰਦਾ ਹੈ, ਤੇ, ਆਪਣੇ ਸਰੀਰ ਨੂੰ ਮੋਟਾ ਕਰੀ ਜਾਂਦਾ ਹੈ,
45333	1058	ਭੇਖ ਕਰੈ ਗੁਰ ਸਬਦੁ ਨ ਕਮਾਏ॥		Bhaekh Karai Gur Sabadh N Kamaaeae ||	And wears religious robes, but he does not live to the Word of the Guru's Shabad.	(ਤਿਆਗੀਆਂ ਵਾਲਾ) ਧਾਰਮਿਕ ਪਹਿਰਾਵਾ ਪਹਿਨਦਾ ਹੈ, ਗੁਰੂ ਦੇ ਸ਼ਬਦ ਅਨੁਸਾਰ ਜੀਵਨ ਨਹੀਂ ਬਿਤਾਂਦਾ,
45334	1058	ਅੰਤਰਿ ਰੋਗੁ ਮਹਾ ਦੁਖੁ ਭਾਰੀ ਬਿਸਟਾ ਮਾਹਿ ਸਮਾਹਾ ਹੇ॥੧੦॥		Anthar Rog Mehaa Dhukh Bhaaree Bisattaa Maahi Samaahaa Hae ||10||	Deep with the nucleus of his being is the great disease; he suffers terrible pain, and eventually sinks into the manure. ||10||	ਉਸ ਦੇ ਅੰਦਰ (ਚਸਕਿਆਂ ਦਾ) ਰੋਗ ਹੈ, ਇਹ ਉਸ ਨੂੰ ਵੱਡਾ ਭਾਰੀ ਦੁੱਖ ਵਾਪਰਿਆ ਹੋਇਆ ਹੈ, ਉਹ ਹਰ ਵੇਲੇ ਵਿਕਾਰਾਂ ਦੇ ਗੰਦ ਵਿਚ ਲੀਨ ਰਹਿੰਦਾ ਹੈ ॥੧੦॥
45335	1058	ਬੇਦ ਪੜਹਿ ਪੜਿ ਬਾਦੁ ਵਖਾਣਹਿ॥	ਪੜ੍-ਹਿ, ਪੜਿ੍	Baedh Parrehi Parr Baadh Vakhaanehi ||	He reads and studies the Vedas, and argues about them;	(ਪੰਡਿਤ ਲੋਕ ਭੀ) ਵੇਦ (ਆਦਿਕ ਧਰਮ-ਪੁਸਤਕ) ਪੜ੍ਹਦੇ ਹਨ, (ਇਹਨਾਂ ਨੂੰ) ਪੜ੍ਹ ਕੇ ਨਿਰੀ ਚਰਚਾ ਦਾ ਸਿਲਸਿਲਾ ਛੇੜੀ ਰੱਖਦੇ ਹਨ,
45336	1058	ਘਟ ਮਹਿ ਬ੍ਰਹਮੁ ਤਿਸੁ ਸਬਦਿ ਨ ਪਛਾਣਹਿ॥		Ghatt Mehi Breham This Sabadh N Pashhaanehi ||	God is within his own heart, but he does not recognize the Word of the Shabad.	ਜਿਹੜਾ ਪਰਮਾਤਮਾ ਹਿਰਦੇ ਵਿਚ ਹੀ ਵੱਸ ਰਿਹਾ ਹੈ, ਉਸ ਨਾਲ ਗੁਰ-ਸ਼ਬਦ ਦੀ ਰਾਹੀਂ ਸਾਂਝ ਨਹੀਂ ਪਾਂਦੇ।

45337	1058	ਗੁਰਮੁਖਿ ਹੋਵੈ ਸੁ ਤਤੁ ਬਿਲੋਵੈ ਰਸਨਾ ਹਰਿ ਰਸੁ ਤਾਹਾ ਹੇ॥੧੧॥		Guramukh Hovai S Thath Bilovai Rasanaa Har Ras Thaahaa Hae ||11||	One who becomes Gurmukh churns the essence of reality; his tongue savors the sublime essence of the Lord. ||11||	ਪਰ, ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਤੱਤ ਨੂੰ ਵਿਚਾਰਦਾ ਹੈ, ਉਸ ਦੀ ਜੀਭ ਵਿਚ ਹਰਿ-ਨਾਮ ਦਾ ਸੁਆਦ ਟਿਕਿਆ ਰਹਿੰਦਾ ਹੈ ॥੧੧॥
45338	1058	ਘਰਿ ਵਥੁ ਛੋਡਹਿ ਬਾਹਰਿ ਧਾਵਹਿ॥		Ghar Vathh Shhoddehi Baahar Dhhaavehi ||	Those who forsake the object within their own hearts, wander outside.	ਜਿਹੜੇ ਮਨੁੱਖ ਹਿਰਦੇ-ਘਰ ਵਿਚ ਵੱਸ ਰਹੇ ਨਾਮ-ਪਦਾਰਥ ਨੂੰ ਛੱਡ ਦੇਂਦੇ ਹਨ, ਤੇ, ਬਾਹਰ ਭਟਕਦੇ ਹਨ,
45339	1058	ਮਨਮੁਖ ਅੰਧੇ ਸਾਦੁ ਨ ਪਾਵਹਿ॥		Manamukh Andhhae Saadh N Paavehi ||	The blind, self-willed manmukhs do not taste the flavor of God.	ਉਹ ਮਨ ਦੇ ਮੁਰੀਦ ਤੇ ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਮਨੁੱਖ ਹਰਿ-ਨਾਮ ਦਾ ਸੁਆਦ ਨਹੀਂ ਮਾਣ ਸਕਦੇ।
45340	1058	ਅਨ ਰਸ ਰਾਤੀ ਰਸਨਾ ਫੀਕੀ ਬੋਲੇ ਹਰਿ ਰਸੁ ਮੂਲਿ ਨ ਤਾਹਾ ਹੇ॥੧੨॥		An Ras Raathee Rasanaa Feekee Bolae Har Ras Mool N Thaahaa Hae ||12||	Imbued with the taste of another, their tongues speak tasteless, insipid words. They never taste the sublime essence of the Lord. ||12||	ਹੋਰ ਹੋਰ ਸੁਆਦਾਂ ਵਿਚ ਮਸਤ ਉਹਨਾਂ ਦੀ ਜੀਭ ਫਿੱਕੇ ਬੋਲ ਬੋਲਦੀ ਰਹਿੰਦੀ ਹੈ, ਪਰਮਾਤਮਾ ਦੇ ਨਾਮ ਦਾ ਸੁਆਦ ਉਹਨਾਂ ਨੂੰ ਬਿਲਕੁਲ ਹਾਸਲ ਨਹੀਂ ਹੁੰਦਾ ॥੧੨॥
45341	1058	ਮਨਮੁਖ ਦੇਹੀ ਭਰਮੁ ਭਤਾਰੋ॥		Manamukh Dhaehee Bharam Bhathaaro ||	The self-willed manmukh has doubt as his spouse.	ਮਾਇਆ ਦੀ ਭਟਕਣ ਮਨ ਦੇ ਮੁਰੀਦ ਮਨੁੱਖ ਦੇ ਸਰੀਰ ਦੀ ਅਗਵਾਈ ਕਰਦੀ ਹੈ,
45342	1058	ਦੁਰਮਤਿ ਮਰੈ ਨਿਤ ਹੋਇ ਖੁਆਰੋ॥		Dhuramath Marai Nith Hoe Khuaaro ||	He dies of evil-mindedness, and suffers forever.	(ਇਸ) ਖੋਟੀ ਮੱਤ ਦੇ ਕਾਰਨ ਮਨਮੁਖ ਆਤਮਕ ਮੌਤ ਸਹੇੜ ਲੈਂਦਾ ਹੈ, ਤੇ, ਸਦਾ ਖ਼ੁਆਰ ਹੁੰਦਾ ਹੈ।

45343	1058	ਕਾਮਿ ਕ੍ਰੋਧਿ ਮਨੁ ਦੂਜੈ ਲਾਇਆ ਸੁਪਨੈ ਸੁਖੁ ਨ ਤਾਹਾ ਹੇ॥੧੩॥		Kaam Krodhh Man Dhoojai Laaeiaa Supanai Sukh N Thaahaa Hae ||13||	His mind is attached to sexual desire, anger and duality, and he does not find peace, even in dreams. ||13||	ਮਨਮੁਖ ਆਪਣੇ ਮਨ ਨੂੰ ਕਾਮ ਵਿਚ, ਕ੍ਰੋਧ ਵਿਚ, ਮਾਇਆ ਦੇ ਮੋਹ ਵਿਚ ਜੋੜੀ ਰੱਖਦਾ ਹੈ, (ਇਸ ਵਾਸਤੇ) ਉਸ ਨੂੰ ਕਦੇ ਭੀ ਆਤਮਕ ਆਨੰਦ ਨਹੀਂ ਮਿਲਦਾ ॥੧੩॥
45344	1058	ਕੰਚਨ ਦੇਹੀ ਸਬਦੁ ਭਤਾਰੋ॥		Kanchan Dhaehee Sabadh Bhathaaro ||	The body becomes golden, with the Word of the Shabad as its spouse.	ਗੁਰੂ ਦਾ ਸ਼ਬਦ ਜਿਸ ਮਨੁੱਖ ਦੇ ਸੋਨੇ ਵਰਗੇ ਪਵਿੱਤਰ ਸਰੀਰ ਦਾ ਆਗੂ ਬਣਿਆ ਰਹਿੰਦਾ ਹੈ,
45345	1058	ਅਨ ਦਿਨੁ ਭੋਗ ਭੋਗੇ ਹਰਿ ਸਿਉ ਪਿਆਰੋ॥		Anadhin Bhog Bhogae Har Sio Piaaro ||	Night and day, enjoy the enjoyments, and be in love with the Lord.	ਉਹ ਮਨੁੱਖ ਪਰਮਾਤਮਾ ਨਾਲ ਪਿਆਰ ਬਣਾਈ ਰੱਖਦਾ ਹੈ ਤੇ ਹਰ ਵੇਲੇ ਪਰਮਾਤਮਾ ਦੇ ਮਿਲਾਪ ਦਾ ਆਨੰਦ ਮਾਣਦਾ ਹੈ।
45346	1058	ਮਹਲਾ ਅੰਦਰਿ ਗੈਰ ਮਹਲੁ ਪਾਏ ਭਾਣਾ ਬੁਝਿ ਸਮਾਹਾ ਹੇ॥੧੪॥		Mehalaa Andhar Gair Mehal Paaeae Bhaanaa Bujh Samaahaa Hae ||14||	Deep within the mansion of the self, one finds the Lord, who transcends this mansion. Realizing His Will, we merge in Him. ||14||	ਉਹ ਮਨੁੱਖ ਉਸ ਲਾ-ਮਕਾਨ ਪਰਮਾਤਮਾ ਨੂੰ ਸਭ ਸਰੀਰਾਂ ਵਿਚ (ਵੱਸਦਾ) ਵੇਖ ਲੈਂਦਾ ਹੈ, ਉਸ ਦੀ ਰਜ਼ਾ ਨੂੰ ਮਿੱਠਾ ਮੰਨ ਕੇ ਉਸ ਵਿਚ ਲੀਨ ਰਹਿੰਦਾ ਹੈ ॥੧੪॥
45347	1058	ਆਪੇ ਦੇਵੈ ਦੇਵਣਹਾਰਾ॥		Aapae Dhaevai Dhaevanehaaraa ||	The Great Giver Himself gives.	ਪਰ, (ਇਹ ਸ਼ਬਦ ਦੀ ਦਾਤਿ) ਦੇ ਸਕਣ ਵਾਲਾ ਪਰਮਾਤਮਾ ਆਪ ਹੀ ਦੇਂਦਾ ਹੈ,
45348	1058	ਤਿਸੁ ਆਗੈ ਨਹੀ ਕਿਸੈ ਕਾ ਚਾਰਾ॥		This Aagai Nehee Kisai Kaa Chaaraa ||	No one has any power to stand against Him.	ਉਸ ਦੇ ਸਾਹਮਣੇ ਕਿਸੇ ਦਾ ਜ਼ੋਰ ਨਹੀਂ ਚੱਲ ਸਕਦਾ।

45349	1058	ਆਪੇ ਬਖਸੇ ਸਬਦਿ ਮਿਲਾਏ ਤਿਸ ਦਾ ਸਬਦੁ ਅਥਾਹਾ ਹੇ॥੧੫॥		Aapae Bakhasae Sabadh Milaaeae This Dhaa Sabadh Athhaahaa Hae ||15||	He Himself forgives, and unites us with the Shabad; The Word of His Shabad is unfathomable. ||15||	ਉਹ ਆਪ ਹੀ ਬਖ਼ਸ਼ਸ਼ ਕਰਦਾ ਹੈ ਤੇ ਗੁਰੂ ਦੇ ਸ਼ਬਦ ਵਿਚ ਜੋੜਦਾ ਹੈ। ਉਸ ਮਾਲਕ-ਪ੍ਰਭੂ ਦਾ ਹੁਕਮ ਬਹੁਤ ਗੰਭੀਰ ਹੈ ॥੧੫॥
45350	1058	ਜੀਉ ਪਿੰਡੁ ਸਭੁ ਹੈ ਤਿਸੁ ਕੇਰਾ॥		Jeeo Pindd Sabh Hai This Kaeraa ||	Body and soul, all belong to Him.	ਇਹ ਜਿੰਦ ਤੇ ਇਹ ਸਰੀਰ ਸਭ ਕੁਝ ਉਸ ਪਰਮਾਤਮਾ ਦਾ ਦਿੱਤਾ ਹੋਇਆ ਹੈ।
45351	1058	ਸਚਾ ਸਾਹਿਬੁ ਠਾਕੁਰੁ ਮੇਰਾ॥		Sachaa Saahib Thaakur Maeraa ||	The True Lord is my only Lord and Master.	ਮੇਰਾ ਉਹ ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ।
45352	1058	ਨਾਨਕ ਗੁਰਬਾਣੀ ਹਰਿ ਪਾਇਆ ਹਰਿ ਜਪੁ ਜਾਪਿ ਸਮਾਹਾ ਹੇ॥੧੬॥੫॥੧੪॥		Naanak Gurabaanee Har Paaeiaa Har Jap Jaap Samaahaa Hae ||16||5||14||	O Nanak, through the Word of the Guru's Bani, I have found the Lord. Chanting the Lord's Chant, I merge in Him. ||16||5||14||	ਹੇ ਨਾਨਕ! (ਕੋਈ ਭਾਗਾਂ ਵਾਲਾ ਮਨੁੱਖ) ਗੁਰੂ ਦੀ ਬਾਣੀ ਦੀ ਰਾਹੀਂ ਉਸ ਪਰਮਾਤਮਾ ਨੂੰ ਲੱਭ ਲੈਂਦਾ ਹੈ, ਉਸ ਹਰੀ ਦੇ ਨਾਮ ਦਾ ਜਾਪ ਜਪ ਕੇ ਉਸ ਵਿਚ ਸਮਾਇਆ ਰਹਿੰਦਾ ਹੈ ॥੧੬॥੫॥੧੪॥
45353	1058	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
45354	1058	ਗੁਰਮੁਖਿ ਨਾਦ ਬੇਦ ਬੀਚਾਰੁ॥		Guramukh Naadh Baedh Beechaar ||	The Gurmukh contemplates the sound current of the Naad instead of the Vedas.	(ਜੋਗੀ ਨਾਦ ਵਜਾਂਦੇ ਹਨ, ਪੰਡਿਤ ਵੇਦ ਪੜ੍ਹਦੇ ਹਨ, ਪਰ) ਹਰਿ-ਨਾਮ ਨੂੰ ਮਨ ਵਿਚ ਵਸਾਣਾ ਹੀ ਗੁਰਮੁਖ (ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ) ਵਾਸਤੇ ਨਾਦ (ਦਾ ਵਜਾਣਾ ਅਤੇ) ਵੇਦ (ਦਾ ਪਾਠ) ਹੈ।

45355	1058	ਗੁਰਮੁਖਿ ਗਿਆਨੁ ਧਿਆਨੁ ਆਪਾਰੁ॥		Guramukh Giaan Dhhiaan Aapaar ||	The Gurmukh attains infinite spiritual wisdom and meditation.	ਬੇਅੰਤ ਪ੍ਰਭੂ ਦਾ ਸਿਮਰਨ ਹੀ ਗੁਰਮੁਖ ਲਈ ਗਿਆਨ (-ਚਰਚਾ) ਅਤੇ ਸਮਾਧੀ ਹੈ।
45356	1058	ਗੁਰਮੁਖਿ ਕਾਰ ਕਰੇ ਪ੍ਰਭ ਭਾਵੈ ਗੁਰਮੁਖਿ ਪੂਰਾ ਪਾਇਦਾ॥੧॥		Guramukh Kaar Karae Prabh Bhaavai Guramukh Pooraa Paaeidhaa ||1||	The Gurmukh acts in harmony with God's Will; the Gurmukh finds perfection. ||1||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਉਹ) ਕਾਰ ਕਰਦਾ ਹੈ ਜੋ ਪ੍ਰਭੂ ਨੂੰ ਚੰਗੀ ਲੱਗਦੀ ਹੈ (ਗੁਰਮੁਖ ਪਰਮਾਤਮਾ ਦੀ ਰਜ਼ਾ ਵਿਚ ਤੁਰਦਾ ਹੈ)। (ਇਸ ਤਰ੍ਹਾਂ) ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪੂਰਨ ਪ੍ਰਭੂ ਦਾ ਮਿਲਾਪ ਹਾਸਲ ਕਰ ਲੈਂਦਾ ਹੈ ॥੧॥
45357	1058	ਗੁਰਮੁਖਿ ਮਨੂਆ ਉਲਟਿ ਪਰਾਵੈ॥		Guramukh Manooaa Oulatt Paraavai ||	The mind of the Gurmukh turns away from the world.	ਗੁਰੂ ਦੀ ਸਰਨ ਰਹਿਣ ਵਾਲਾ ਮਨੁੱਖ (ਆਪਣੇ) ਮਨ ਨੂੰ (ਮਾਇਆ ਦੇ ਮੋਹ ਵੱਲੋਂ) ਰੋਕ ਰੱਖਦਾ ਹੈ।
45358	1058	ਗੁਰਮੁਖਿ ਬਾਣੀ ਨਾਦੁ ਵਜਾਵੈ॥		Guramukh Baanee Naadh Vajaavai ||	The Gurmukh vibrates the Naad, the sound current of the Guru's Bani.	ਉਹ ਗੁਰਬਾਣੀ ਨੂੰ ਹਿਰਦੇ ਵਿਚ ਵਸਾਂਦਾ ਹੈ (ਮਾਨੋ, ਜੋਗੀ ਵਾਂਗ) ਨਾਦ ਵਜਾ ਰਿਹਾ ਹੈ।
45359	1058	ਗੁਰਮੁਖਿ ਸਚਿ ਰਤੇ ਬੈਰਾਗੀ ਨਿਜ ਘਰਿ ਵਾਸਾ ਪਾਇਦਾ॥੨॥		Guramukh Sach Rathae Bairaagee Nij Ghar Vaasaa Paaeidhaa ||2||	The Gurmukh, attuned to the Truth, remains detached, and dwells in the home of the self deep within. ||2||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਸਦਾ-ਥਿਰ ਹਰਿ-ਨਾਮ ਵਿਚ ਰੰਗੇ ਰਹਿੰਦੇ ਹਨ, (ਇਸ ਤਰ੍ਹਾਂ) ਮਾਇਆ ਵਲੋਂ ਨਿਰਲੇਪ ਰਹਿ ਕੇ ਪ੍ਰਭੂ-ਚਰਨਾਂ ਵਿਚ ਟਿਕੇ ਰਹਿੰਦੇ ਹਨ ॥੨॥

45360	1058	ਗੁਰ ਕੀ ਸਾਖੀ ਅੰਮ੍ਰਿਤ ਭਾਖੀ॥		Gur Kee Saakhee Anmrith Bhaakhee ||	I speak the Ambrosial Teachings of the Guru.	ਜਿਹੜਾ ਮਨੁੱਖ ਆਤਮਕ ਜੀਵਨ ਦੇਣ ਵਾਲੀ ਗੁਰਬਾਣੀ ਉਚਾਰਦਾ ਰਹਿੰਦਾ ਹੈ,
45361	1058	ਸਚੈ ਸਬਦੇ ਸਚੁ ਸੁਭਾਖੀ॥		Sachai Sabadhae Sach Subhaakhee ||	I lovingly chant the Truth, through the True Word of the Shabad.	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੀ ਬਾਣੀ ਦੀ ਰਾਹੀਂ ਸਦਾ-ਥਿਰ ਹਰਿ-ਨਾਮ ਸਿਮਰਦਾ ਰਹਿੰਦਾ ਹੈ,
45362	1058	ਸਦਾ ਸਚਿ ਰੰਗਿ ਰਾਤਾ ਮਨੁ ਮੇਰਾ ਸਚੇ ਸਚਿ ਸਮਾਇਦਾ॥੩॥		Sadhaa Sach Rang Raathaa Man Maeraa Sachae Sach Samaaeidhaa ||3||	My mind remains forever imbued with the Love of the True Lord. I am immersed in the Truest of the True. ||3||	ਉਸ ਦਾ ਮਮਤਾ ਵਿਚ ਫਸਣ ਵਾਲਾ ਮਨ ਸਦਾ ਹਰਿ-ਨਾਮ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਹੀ ਲੀਨ ਰਹਿੰਦਾ ਹੈ ॥੩॥
45363	1058	ਗੁਰਮੁਖਿ ਮਨੁ ਨਿਰਮਲੁ ਸਤ ਸਰਿ ਨਾਵੈ॥	ਸੱਤ, ਨ੍ਹਾਵੈ	Guramukh Man Niramal Sath Sar Naavai ||	Immaculate and pure is the mind of the Gurmukh, who bathes in the Pool of Truth.	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਦਾ ਮਨ ਪਵਿੱਤਰ ਹੋ ਜਾਂਦਾ ਹੈ, ਉਹ ਸੰਤੋਖ ਦੇ ਸਰੋਵਰ (ਹਰਿ-ਨਾਮ) ਵਿਚ ਇਸ਼ਨਾਨ ਕਰਦਾ ਹੈ;
45364	1058	ਮੈਲੁ ਨ ਲਾਗੈ ਸਚਿ ਸਮਾਵੈ॥		Mail N Laagai Sach Samaavai ||	No filth attaches to him; he merges in the True Lord.	ਉਸ ਨੂੰ (ਵਿਕਾਰਾਂ ਦੀ) ਮੈਲ ਨਹੀਂ ਚੰਬੜਦੀ, ਉਹ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਸਮਾਇਆ ਰਹਿੰਦਾ ਹੈ।

45365	1058	ਸਚੋ ਸਚੁ ਕਮਾਵੈ ਸਦ ਹੀ ਸਚੀ ਭਗਤਿ ਦ੍ਰਿੜਾਇਦਾ॥੪॥		Sacho Sach Kamaavai Sadh Hee Sachee Bhagath Dhrirraaeidhaa ||4||	He truly practices Truth forever; true devotion is implanted within him. ||4||	ਉਹ ਮਨੁੱਖ ਹਰ ਵੇਲੇ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਹੀ ਕਮਾਈ ਕਰਦਾ ਹੈ, ਉਹ ਮਨੁੱਖ ਸਦਾ ਨਾਲ ਨਿਭਣ ਵਾਲੀ ਭਗਤੀ (ਆਪਣੇ ਹਿਰਦੇ ਵਿਚ) ਪੱਕੇ ਤੌਰ ਤੇ ਟਿਕਾਈ ਰੱਖਦਾ ਹੈ ॥੪॥
45366	1058	ਗੁਰਮੁਖਿ ਸਚੁ ਬੈਣੀ ਗੁਰਮੁਖਿ ਸਚੁ ਨੈਣੀ॥		Guramukh Sach Bainee Guramukh Sach Nainee ||	True is the speech of the Gurmukh; true are the eyes of the Gurmukh.	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਦੇ ਬਚਨਾਂ ਵਿਚ ਪ੍ਰਭੂ ਵੱਸਦਾ ਹੈ, ਉਸ ਦੀਆਂ ਅੱਖਾਂ ਵਿਚ ਪ੍ਰਭੂ ਵੱਸਦਾ ਹੈ, (ਉਹ ਹਰ ਵੇਲੇ ਨਾਮ ਸਿਮਰਦਾ ਹੈ, ਹਰ ਪਾਸੇ ਪਰਮਾਤਮਾ ਨੂੰ ਹੀ ਵੇਖਦਾ ਹੈ)।
45367	1058	ਗੁਰਮੁਖਿ ਸਚੁ ਕਮਾਵੈ ਕਰਣੀ॥		Guramukh Sach Kamaavai Karanee ||	The Gurmukh practices and lives the Truth.	ਉਹ ਸਦਾ-ਥਿਰ ਪ੍ਰਭੂ ਦੇ ਨਾਮ ਸਿਮਰਨ ਦੀ ਕਮਾਈ ਕਰਦਾ ਹੈ, ਇਹੀ ਉਸ ਵਾਸਤੇ ਕਰਨ-ਜੋਗ ਕੰਮ ਹੈ।
45368	1058	ਸਦ ਹੀ ਸਚੁ ਕਹੈ ਦਿਨੁ ਰਾਤੀ ਅਵਰਾ ਸਚੁ ਕਹਾਇਦਾ॥੫॥		Sadh Hee Sach Kehai Dhin Raathee Avaraa Sach Kehaaeidhaa ||5||	He speaks the Truth forever, day and night, and inspires others to speak the Truth. ||5||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਦਿਨ ਰਾਤ ਸਦਾ ਹੀ ਸਿਮਰਨ ਕਰਦਾ ਹੈ, ਤੇ, ਹੋਰਨਾਂ ਨੂੰ ਸਿਮਰਨ ਕਰਨ ਲਈ ਪ੍ਰੇਰਦਾ ਹੈ ॥੫॥
45369	1058	ਗੁਰਮੁਖਿ ਸਚੀ ਊਤਮ ਬਾਣੀ॥		Guramukh Sachee Ootham Baanee ||	True and exalted is the speech of the Gurmukh.	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੀ ਉੱਤਮ ਬਾਣੀ ਹੀ ਗੁਰਮੁਖ (ਸਦਾ ਉਚਾਰਦਾ ਹੈ),

45370	1058	ਗੁਰਮੁਖਿ ਸਚੋ ਸਚੁ ਵਖਾਣੀ॥		Guramukh Sacho Sach Vakhaanee ||	The Gurmukh speaks Truth, only Truth.	ਉਹ ਹਰ ਵੇਲੇ ਸਦਾ-ਥਿਰ ਪ੍ਰਭੂ ਦਾ ਨਾਮ ਹੀ ਉਚਾਰਦਾ ਹੈ।
45371	1058	ਗੁਰਮੁਖਿ ਸਦ ਸੇਵਹਿ ਸਚੋ ਸਚਾ ਗੁਰਮੁਖਿ ਸਬਦੁ ਸੁਣਾਇਦਾ॥੬॥		Guramukh Sadh Saevehi Sacho Sachaa Guramukh Sabadh Sunaaeidhaa ||6||	The Gurmukh serves the Truest of the True forever; the Gurmukh proclaims the Word of the Shabad. ||6||	ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ ਸਦਾ ਹੀ ਸਦਾ-ਥਿਰ ਪਰਮਾਤਮਾ ਦੀ ਸੇਵਾ-ਭਗਤੀ ਕਰਦੇ ਹਨ। ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ (ਹੋਰਨਾਂ ਨੂੰ ਭੀ) ਬਾਣੀ ਹੀ ਸੁਣਾਂਦਾ ਹੈ ॥੬॥
45372	1059	ਗੁਰਮੁਖਿ ਹੋਵੈ ਸੁ ਸੋਝੀ ਪਾਏ॥		Guramukh Hovai S Sojhee Paaeae ||	One who becomes Gurmukh understands.	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਆਤਮਕ ਜੀਵਨ ਦੀ ਸੂਝ ਪ੍ਰਾਪਤ ਕਰ ਲੈਂਦਾ ਹੈ,
45373	1059	ਹਉਮੈ ਮਾਇਆ ਭਰਮੁ ਗਵਾਏ॥		Houmai Maaeiaa Bharam Gavaaeae ||	He rids himself of egotism, Maya and doubt.	ਉਹ ਆਪਣੇ ਅੰਦਰੋਂ ਹਉਮੈ ਅਤੇ ਮਾਇਆ ਵਾਲੀ ਭਟਕਣਾ ਦੂਰ ਕਰ ਲੈਂਦਾ ਹੈ।
45374	1059	ਗੁਰ ਕੀ ਪਉੜੀ ਊਤਮ ਊਚੀ ਦਰਿ ਸਚੈ ਹਰਿ ਗੁਣ ਗਾਇਦਾ॥੭॥		Gur Kee Pourree Ootham Oochee Dhar Sachai Har Gun Gaaeidhaa ||7||	He ascends the sublime, exalted ladder of the Guru, and he sings the Glorious Praises of the Lord at His True Door. ||7||	ਉਹ ਮਨੁੱਖ ਪ੍ਰਭੂ-ਚਰਨਾਂ ਵਿਚ ਸੁਰਤ ਜੋੜ ਕੇ ਪ੍ਰਭੂ ਦੇ ਗੁਣ ਗਾਂਦਾ ਰਹਿੰਦਾ ਹੈ। ਇਹੀ ਹੈ ਗੁਰੂ ਦੀ (ਦੱਸੀ ਹੋਈ) ਉੱਚੀ ਤੇ ਉੱਤਮ ਪੌੜੀ (ਜਿਸ ਦੀ ਰਾਹੀਂ ਮਨੁੱਖ ਉੱਚੇ ਆਤਮਕ ਮੰਡਲਾਂ ਵਿਚ ਚੜ੍ਹ ਕੇ ਪ੍ਰਭੂ ਨੂੰ ਜਾ ਮਿਲਦਾ ਹੈ) ॥੭॥

45375	1059	ਗੁਰਮੁਖਿ ਸਚੁ ਸੰਜਮੁ ਕਰਣੀ ਸਾਰੁ॥		Guramukh Sach Sanjam Karanee Saar ||	The Gurmukh practices true self-control, and acts in excellence.	ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਸਦਾ-ਥਿਰ ਹਰਿ-ਨਾਮ ਸਿਮਰਦਾ ਹੈ-ਇਹੀ ਹੈ ਉਸ ਦਾ ਕਰਨ-ਜੋਗ ਕੰਮ, ਇਹੀ ਹੈ ਉਸ ਦੇ ਵਾਸਤੇ (ਵਿਕਾਰਾਂ ਤੋਂ ਬਚਣ ਲਈ) ਵਧੀਆ ਜੀਵਨ-ਜੁਗਤਿ।
45376	1059	ਗੁਰਮੁਖਿ ਪਾਏ ਮੋਖ ਦੁਆਰੁ॥		Guramukh Paaeae Mokh Dhuaar ||	The Gurmukh obtains the gate of salvation.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਵਿਕਾਰਾਂ ਤੋਂ) ਖ਼ਲਾਸੀ ਪਾਣ ਵਾਲਾ (ਇਹ) ਦਰਵਾਜ਼ਾ ਲੱਭ ਲੈਂਦਾ ਹੈ।
45377	1059	ਭਾਇ ਭਗਤਿ ਸਦਾ ਰੰਗਿ ਰਾਤਾ ਆਪੁ ਗਵਾਇ ਸਮਾਇਦਾ॥੮॥		Bhaae Bhagath Sadhaa Rang Raathaa Aap Gavaae Samaaeidhaa ||8||	Through loving devotion, he remains forever imbued with the Lord's Love; eradicating self-conceit, he merges in the Lord. ||8||	ਗੁਰੂ ਦੀ ਸਰਨ ਰਹਿਣ ਵਾਲਾ ਮਨੁੱਖ ਪ੍ਰਭੂ ਦੇ ਪ੍ਰੇਮ ਵਿਚ ਪ੍ਰਭੂ ਦੀ ਭਗਤੀ ਵਿਚ ਪ੍ਰਭੂ ਦੇ ਨਾਮ-ਰੰਗ ਵਿਚ ਸਦਾ ਰੰਗਿਆ ਰਹਿੰਦਾ ਹੈ, ਉਹ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ ਕੇ ਪ੍ਰਭੂ ਵਿਚ ਸਮਾਇਆ ਰਹਿੰਦਾ ਹੈ ॥੮॥
45378	1059	ਗੁਰਮੁਖਿ ਹੋਵੈ ਮਨੁ ਖੋਜਿ ਸੁਣਾਏ॥		Guramukh Hovai Man Khoj Sunaaeae ||	One who becomes Gurmukh examines his own mind, and instructs others.	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਮਨੁੱਖ (ਆਪਣੇ) ਮਨ ਨੂੰ ਖੋਜ ਕੇ (ਇਹ ਨਿਸ਼ਚਾ ਬਣਾਂਦਾ ਹੈ, ਤੇ ਹੋਰਨਾਂ ਨੂੰ ਭੀ ਇਹ) ਸੁਣਾਂਦਾ ਹੈ,
45379	1059	ਸਚੈ ਨਾਮਿ ਸਦਾ ਲਿਵ ਲਾਏ॥		Sachai Naam Sadhaa Liv Laaeae ||	He is lovingly attuned to the True Name forever.	ਉਹ ਸਦਾ-ਥਿਰ ਹਰਿ-ਨਾਮ ਵਿਚ ਸਦਾ ਆਪਣੀ ਸੁਰਤ ਜੋੜੀ ਰੱਖੇ,

45380	1059	ਜੋ ਤਿਸੁ ਭਾਵੈ ਸੋਈ ਕਰਸੀ ਜੋ ਸਚੇ ਮਨਿ ਭਾਇਦਾ॥੯॥		Jo This Bhaavai Soee Karasee Jo Sachae Man Bhaaeidhaa ||9||	They act in harmony with the Mind of the True Lord. ||9||	ਜੋ ਕੁਝ ਉਸ ਪਰਮਾਤਮਾ ਨੂੰ ਚੰਗਾ ਲੱਗਦਾ ਹੈ, ਉਹੀ ਕੁਝ ਉਹ ਕਰਦਾ ਹੈ, (ਜਗਤ ਵਿਚ ਉਹੀ ਕੁਝ ਉਹ ਹੈ) ਜੋ ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਮਨ ਵਿਚ ਭਾ ਜਾਂਦਾ ਹੈ ॥੯॥
45381	1059	ਜਾ ਤਿਸੁ ਭਾਵੈ ਸਤਿਗੁਰੂ ਮਿਲਾਏ॥		Jaa This Bhaavai Sathiguroo Milaaeae ||	As it pleases His Will, He unites us with the True Guru.	(ਗੁਰਮੁਖਿ ਮਨੁੱਖ ਹੋਰਨਾਂ ਨੂੰ ਭੀ ਇਹੀ ਸੁਣਾਂਦਾ ਹੈ ਕਿ) ਜਦੋਂ ਪਰਮਾਤਮਾ ਦੀ ਰਜ਼ਾ ਹੁੰਦੀ ਹੈ ਤਦੋਂ ਉਹ ਮਨੁੱਖ ਨੂੰ ਗੁਰੂ ਮਿਲਾਂਦਾ ਹੈ,
45382	1059	ਜਾ ਤਿਸੁ ਭਾਵੈ ਤਾ ਮੰਨਿ ਵਸਾਏ॥		Jaa This Bhaavai Thaa Mann Vasaaeae ||	As it pleases His Will, He comes to dwell within the mind.	ਜਦੋਂ ਉਸ ਦੀ ਰਜ਼ਾ ਹੁੰਦੀ ਹੈ ਤਦੋਂ ਉਸ ਦੇ ਮਨ ਵਿਚ (ਆਪਣਾ ਨਾਮ) ਵਸਾਂਦਾ ਹੈ।
45383	1059	ਆਪਣੈ ਭਾਣੈ ਸਦਾ ਰੰਗਿ ਰਾਤਾ ਭਾਣੈ ਮੰਨਿ ਵਸਾਇਦਾ॥੧੦॥		Aapanai Bhaanai Sadhaa Rang Raathaa Bhaanai Mann Vasaaeidhaa ||10||	As it pleases His Will, He imbues us with His Love; as it pleases His Will, He comes to dwell in the mind. ||10||	ਜਿਸ ਮਨੁੱਖ ਨੂੰ ਪਰਮਾਤਮਾ ਆਪਣੀ ਰਜ਼ਾ ਵਿਚ ਰੱਖਦਾ ਹੈ, ਉਹ ਮਨੁੱਖ ਸਦਾ ਉਸ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ। (ਗੁਰਮੁਖ ਇਹ ਯਕੀਨ ਬਣਾਂਦਾ ਹੈ ਕਿ) ਪ੍ਰਭੂ ਆਪਣੀ ਰਜ਼ਾ ਅਨੁਸਾਰ ਹੀ (ਆਪਣਾ ਨਾਮ) ਮਨੁੱਖ ਦੇ ਮਨ ਵਿਚ ਵਸਾਂਦਾ ਹੈ ॥੧੦॥
45384	1059	ਮਨ ਹਠਿ ਕਰਮ ਕਰੇ ਸੋ ਛੀਜੈ॥		Manehath Karam Karae So Shheejai ||	Those who act stubborn-mindedly are destroyed.	ਜਿਹੜਾ ਮਨੁੱਖ ਮਨ ਦੇ ਹਠ ਨਾਲ (ਹੀ ਮਿਥੇ ਹੋਏ ਧਾਰਮਿਕ) ਕਰਮ ਕਰਦਾ ਹੈ ਉਹ (ਆਤਮਕ ਜੀਵਨ ਵਲੋਂ) ਕਮਜ਼ੋਰ ਹੁੰਦਾ ਜਾਂਦਾ ਹੈ।

45385	1059	ਬਹੁਤੇ ਭੇਖ ਕਰੇ ਨਹੀ ਭੀਜੈ॥		Bahuthae Bhaekh Karae Nehee Bheejai ||	Wearing all sorts of religious robes, they do not please the Lord.	(ਅਜਿਹਾ ਮਨੁੱਖ) ਧਾਰਮਿਕ ਪਹਿਰਾਵੇ ਤਾਂ ਬਥੇਰੇ ਕਰਦਾ ਹੈ, ਪਰ (ਇਸ ਤਰ੍ਹਾਂ ਉਸ ਦਾ ਮਨ ਪ੍ਰਭੂ ਦੇ ਪਿਆਰ ਵਿਚ) ਭਿੱਜਦਾ ਨਹੀਂ ਹੈ।
45386	1059	ਬਿਖਿਆ ਰਾਤੇ ਦੁਖੁ ਕਮਾਵਹਿ ਦੁਖੇ ਦੁਖਿ ਸਮਾਇਦਾ॥੧੧॥		Bikhiaa Raathae Dhukh Kamaavehi Dhukhae Dhukh Samaaeidhaa ||11||	Tinged by corruption, they earn only pain; they are immersed in pain. ||11||	ਮਾਇਆ ਦੇ ਮੋਹ ਵਿਚ ਮਸਤ ਮਨੁੱਖ (ਜਿਹੜੇ ਭੀ ਕਰਮ ਕਰਨ, ਉਹ ਉਹਨਾਂ ਵਿਚੋਂ) ਦੁੱਖ (ਹੀ) ਖੱਟਦੇ ਹਨ। (ਮਾਇਆ ਦੇ ਮੋਹ ਦੇ ਕਾਰਨ ਮਨੁੱਖ) ਹਰ ਵੇਲੇ ਦੁੱਖ ਵਿਚ ਹੀ ਫਸਿਆ ਰਹਿੰਦਾ ਹੈ ॥੧੧॥
45387	1059	ਗੁਰਮੁਖਿ ਹੋਵੈ ਸੁ ਸੁਖੁ ਕਮਾਏ॥		Guramukh Hovai S Sukh Kamaaeae ||	One who becomes Gurmukh earns peace.	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ (ਆਪਣੇ ਉੱਦਮਾਂ ਦੀ ਰਾਹੀਂ) ਆਤਮਕ ਆਨੰਦ ਖੱਟਦਾ ਹੈ,
45388	1059	ਮਰਣ ਜੀਵਣ ਕੀ ਸੋਝੀ ਪਾਏ॥		Maran Jeevan Kee Sojhee Paaeae ||	He comes to understand death and birth.	ਉਹ ਮਨੁੱਖ ਇਹ ਸਮਝ ਲੈਂਦਾ ਹੈ ਕਿ ਆਤਮਕ ਮੌਤ ਕੀਹ ਹੈ ਤੇ ਆਤਮਕ ਜੀਵਨ ਕੀਹ ਹੈ।
45389	1059	ਮਰਣੁ ਜੀਵਣੁ ਜੋ ਸਮ ਕਰਿ ਜਾਣੈ ਸੋ ਮੇਰੇ ਪ੍ਰਭ ਭਾਇਦਾ॥੧੨॥		Maran Jeevan Jo Sam Kar Jaanai So Maerae Prabh Bhaaeidhaa ||12||	One who looks alike upon death and birth, is pleasing to my God. ||12||	ਜਿਹੜਾ ਮਨੁੱਖ ਮੌਤ ਅਤੇ ਜੀਵਨ ਨੂੰ (ਪਰਮਾਤਮਾ ਦੀ ਰਜ਼ਾ ਵਿਚ ਵਰਤਦਾ ਵੇਖ ਕੇ) ਇਕੋ ਜਿਹਾ ਸਮਝਦਾ ਹੈ (ਨਾਹ ਜੀਵਨ ਦੀ ਲਾਲਸਾ, ਨਾਹ ਮੌਤ ਤੋਂ ਡਰ), ਉਹ ਮਨੁੱਖ ਮੇਰੇ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ ॥੧੨॥

45390	1059	ਗੁਰਮੁਖਿ ਮਰਹਿ ਸੁ ਹਹਿ ਪਰਵਾਣੁ॥	ਹ-ਹਿ	Guramukh Marehi S Hehi Paravaan ||	The Gurmukh, while remaining dead, is respected and approved.	ਗੁਰੂ ਦੇ ਸਨਮੁਖ ਹੋ ਕੇ ਜਿਹੜੇ ਮਨੁੱਖ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰਦੇ ਹਨ, ਉਹ ਸੋਹਣੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ। ਉਹ ਪ੍ਰਭੂ ਦੀ ਹਜ਼ੂਰੀ ਵਿਚ ਕਬੂਲ ਹੁੰਦੇ ਹਨ (ਉਹ ਜੰਮਣ ਮਰਨ ਨੂੰ ਪਰਮਾਤਮਾ ਦਾ ਹੁਕਮ ਸਮਝਦੇ ਹਨ)।
45391	1059	ਆਵਣ ਜਾਣਾ ਸਬਦੁ ਪਛਾਣੁ॥		Aavan Jaanaa Sabadh Pashhaan ||	He realizes that coming and going are according to God's Will.	ਹੇ ਭਾਈ! ਤੂੰ ਭੀ ਜੰਮਣ ਮਰਨ ਨੂੰ ਪ੍ਰਭੂ ਦਾ ਹੁਕਮ ਹੀ ਸਮਝ।
45392	1059	ਮਰੈ ਨ ਜੰਮੈ ਨਾ ਦੁਖੁ ਪਾਏ ਮਨ ਹੀ ਮਨਹਿ ਸਮਾਇਦਾ॥੧੩॥		Marai N Janmai Naa Dhukh Paaeae Man Hee Manehi Samaaeidhaa ||13||	He does not die, he is not reborn, and he does not suffer in pain; his mind merges in the Mind of God. ||13||	(ਜਿਹੜਾ ਮਨੁੱਖ ਇਉਂ ਯਕੀਨ ਬਣਾਂਦਾ ਹੈ) ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ, ਉਹ (ਇਹ) ਦੁੱਖ ਨਹੀਂ ਪਾਂਦਾ, ਉਹ (ਬਾਹਰ ਭਟਕਣ ਦੇ ਥਾਂ) ਸਦਾ ਹੀ ਅੰਤਰ ਆਤਮੇ ਟਿਕਿਆ ਰਹਿੰਦਾ ਹੈ ॥੧੩॥
45393	1059	ਸੇ ਵਡਭਾਗੀ ਜਿਨੀ ਸਤਿਗੁਰੁ ਪਾਇਆ॥		Sae Vaddabhaagee Jinee Sathigur Paaeiaa ||	Very fortunate are those who find the True Guru.	ਉਹ ਮਨੁੱਖ ਭਾਗਾਂ ਵਾਲੇ ਹਨ, ਜਿਨ੍ਹਾਂ ਨੂੰ ਗੁਰੂ ਮਿਲ ਪਿਆ।
45394	1059	ਹਉਮੈ ਵਿਚਹੁ ਮੋਹੁ ਚੁਕਾਇਆ॥		Houmai Vichahu Mohu Chukaaeiaa ||	They eradicate egotism and attachment from within.	ਉਹ ਆਪਣੇ ਅੰਦਰੋਂ ਹਉਮੈ ਅਤੇ ਮਾਇਆ ਦਾ ਮੋਹ ਦੂਰ ਕਰ ਲੈਂਦੇ ਹਨ।

45395	1059	ਮਨੁ ਨਿਰਮਲੁ ਫਿਰਿ ਮੈਲੁ ਨ ਲਾਗੈ ਦਰਿ ਸਚੈ ਸੋਭਾ ਪਾਇਦਾ॥੧੪॥		Man Niramal Fir Mail N Laagai Dhar Sachai Sobhaa Paaeidhaa ||14||	Their minds are immaculate, and they are never again stained with filth. They are honored at the Door of the True Court. ||14||	ਜਿਸ ਮਨੁੱਖ ਦਾ ਮਨ ਪਵਿੱਤਰ ਹੋ ਜਾਂਦਾ ਹੈ, ਜਿਸ ਦੇ ਮਨ ਨੂੰ ਮੁੜ ਵਿਕਾਰਾਂ ਦੀ ਮੈਲ ਨਹੀਂ ਲੱਗਦੀ, ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਦਰ ਤੇ ਆਦਰ ਪਾਂਦਾ ਹੈ ॥੧੪॥
45396	1059	ਆਪੇ ਕਰੇ ਕਰਾਏ ਆਪੇ॥		Aapae Karae Karaaeae Aapae ||	He Himself acts, and inspires all to act.	ਪ੍ਰਭੂ ਆਪ ਹੀ (ਸਭ ਕੁਝ) ਕਰਦਾ ਹੈ, ਆਪ ਹੀ (ਜੀਵਾਂ ਪਾਸੋਂ) ਕਰਾਂਦਾ ਹੈ।
45397	1059	ਆਪੇ ਵੇਖੈ ਥਾਪਿ ਉਥਾਪੇ॥		Aapae Vaekhai Thhaap Outhhaapae ||	He Himself watches over all; He establishes and disestablishes.	ਆਪ ਹੀ (ਸਭ ਦੀ) ਸੰਭਾਲ ਕਰਦਾ ਹੈ, ਆਪ ਹੀ ਪੈਦਾ ਕਰ ਕੇ ਨਾਸ ਕਰਦਾ ਹੈ।
45398	1059	ਗੁਰਮੁਖਿ ਸੇਵਾ ਮੇਰੇ ਪ੍ਰਭ ਭਾਵੈ ਸਚੁ ਸੁਣਿ ਲੇਖੈ ਪਾਇਦਾ॥੧੫॥		Guramukh Saevaa Maerae Prabh Bhaavai Sach Sun Laekhai Paaeidhaa ||15||	The service of the Gurmukh is pleasing to my God; one who listens to the Truth is approved. ||15||	ਗੁਰੂ ਦੇ ਸਨਮੁਖ ਹੋ ਕੇ ਕੀਤੀ ਹੋਈ ਸੇਵਾ-ਭਗਤੀ ਪ੍ਰਭੂ ਨੂੰ ਪਿਆਰੀ ਲੱਗਦੀ ਹੈ, (ਜੀਵ ਪਾਸੋਂ) ਹਰਿ-ਨਾਮ ਦਾ ਸਿਮਰਨ ਸੁਣ ਕੇ ਪਰਮਾਤਮਾ (ਉਸ ਦੀ ਇਹ ਮਿਹਨਤ ਪਰਵਾਨ ਕਰਦਾ ਹੈ ॥੧੫॥
45399	1059	ਗੁਰਮੁਖਿ ਸਚੋ ਸਚੁ ਕਮਾਵੈ॥		Guramukh Sacho Sach Kamaavai ||	The Gurmukh practices Truth, and only Truth.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਸਦਾ ਹਰਿ-ਨਾਮ ਸਿਮਰਨ ਦੀ ਕਮਾਈ ਕਰਦਾ ਹੈ।
45400	1059	ਗੁਰਮੁਖਿ ਨਿਰਮਲੁ ਮੈਲੁ ਨ ਲਾਵੈ॥		Guramukh Niramal Mail N Laavai ||	The Gurmukh is immaculate; no filth attaches to him.	ਉਸ ਦਾ ਮਨ ਪਵਿਤਰ ਹੋ ਜਾਂਦਾ ਹੈ, ਉਸ ਨੂੰ ਵਿਕਾਰਾਂ ਦੀ ਮੈਲ ਨਹੀਂ ਲੱਗਦੀ।

45401	1059	ਨਾਨਕ ਨਾਮਿ ਰਤੇ ਵੀਚਾਰੀ ਨਾਮੇ ਨਾਮਿ ਸਮਾਇਦਾ॥੧੬॥੧॥੧੫॥		Naanak Naam Rathae Veechaaree Naamae Naam Samaaeidhaa ||16||1||15||	O Nanak, those who contemplate the Naam are imbued with it. They merge in the Naam, the Name of the Lord. ||16||1||15||	ਹੇ ਨਾਨਕ! ਜਿਹੜੇ ਮਨੁੱਖ ਹਰਿ-ਨਾਮ ਵਿਚ ਮਸਤ ਰਹਿੰਦੇ ਹਨ, ਉਹ ਆਤਮਕ ਜੀਵਨ ਦੀ ਸੂਝ ਵਾਲੇ ਹੋ ਜਾਂਦੇ ਹਨ। (ਆਤਮਕ ਜੀਵਨ ਦੀ ਸੂਝ ਵਾਲਾ ਮਨੁੱਖ) ਸਦਾ ਹਰਿ-ਨਾਮ ਵਿਚ ਹੀ ਲੀਨ ਰਹਿੰਦਾ ਹੈ ॥੧੬॥੧॥੧੫॥
45402	1059	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
45403	1059	ਆਪੇ ਸ੍ਰਿਸਟਿ ਹੁਕਮਿ ਸਭ ਸਾਜੀ॥		Aapae Srisatt Hukam Sabh Saajee ||	He Himself fashioned the Universe, through the Hukam of His Command.	ਪਰਮਾਤਮਾ ਨੇ ਆਪ ਹੀ ਇਹ ਸਾਰੀ ਸ੍ਰਿਸ਼ਟੀ ਆਪਣੇ ਹੁਕਮ ਨਾਲ ਪੈਦਾ ਕੀਤੀ ਹੋਈ ਹੈ।
45404	1059	ਆਪੇ ਥਾਪਿ ਉਥਾਪਿ ਨਿਵਾਜੀ॥		Aapae Thhaap Outhhaap Nivaajee ||	He Himself establishes and disestablishes, and embellishes with grace.	ਪਰਮਾਤਮਾ ਆਪ ਹੀ (ਜੀਵਾਂ ਨੂੰ) ਪੈਦਾ ਕਰ ਕੇ (ਆਪ ਹੀ) ਨਾਸ ਕਰਦਾ ਹੈ (ਆਪ ਹੀ ਜੀਵਾਂ ਉਤੇ) ਮਿਹਰ ਕਰਦਾ ਹੈ।
45405	1059	ਆਪੇ ਨਿਆਉ ਕਰੇ ਸਭੁ ਸਾਚਾ ਸਾਚੇ ਸਾਚਿ ਮਿਲਾਇਦਾ॥੧॥		Aapae Niaao Karae Sabh Saachaa Saachae Saach Milaaeidhaa ||1||	The True Lord Himself administers all justice; through Truth, we merge in the True Lord. ||1||	ਪ੍ਰਭੂ ਆਪ ਹੀ ਇਹ ਸਾਰਾ ਆਪਣਾ ਅਟੱਲ ਨਿਆਂ ਕਰਦਾ ਹੈ, ਆਪ ਹੀ (ਜੀਵ ਨੂੰ ਆਪਣੇ) ਸਦਾ-ਥਿਰ ਨਾਮ ਵਿਚ ਜੋੜੀ ਰੱਖਦਾ ਹੈ ॥੧॥
45406	1059	ਕਾਇਆ ਕੋਟੁ ਹੈ ਆਕਾਰਾ॥		Kaaeiaa Kott Hai Aakaaraa ||	The body takes the form of a fortress.	(ਇਹ ਮਨੁੱਖਾ) ਸਰੀਰ (ਮਾਨੋ ਇਕ) ਕਿਲ੍ਹਾ ਹੈ, ਇਹ ਪਰਮਾਤਮਾ ਦਾ ਦਿੱਸਦਾ-ਸਰੂਪ ਹੈ,

45407	1059	ਮਾਇਆ ਮੋਹੁ ਪਸਰਿਆ ਪਾਸਾਰਾ॥		Maaeiaa Mohu Pasariaa Paasaaraa ||	Emotional attachment to Maya has expanded throughout its expanse.	(ਪਰ ਜੇ ਇਸ ਵਿਚ) ਮਾਇਆ ਦਾ ਮੋਹ (ਹੀ ਪ੍ਰਬਲ ਹੈ, ਜੇ ਇਸ ਵਿਚ ਮਾਇਆ ਦੇ ਮੋਹ ਦਾ ਹੀ) ਖਿਲਾਰਾ ਖਿਲਰਿਆ ਹੋਇਆ ਹੈ,
45408	1059	ਬਿਨੁ ਸਬਦੈ ਭਸਮੈ ਕੀ ਢੇਰੀ ਖੇਹੂ ਖੇਹ ਰਲਾਇਦਾ॥੨॥		Bin Sabadhai Bhasamai Kee Dtaeree Khaehoo Khaeh Ralaaeidhaa ||2||	Without the Word of the Shabad, the body is reduced to a pile of ashes; in the end, dust mingles with dust. ||2||	ਤਾਂ ਪ੍ਰਭੂ ਦੀ ਸਿਫ਼ਤ-ਸਾਲਾਹ ਤੋਂ ਬਿਨਾ (ਇਹ ਸਰੀਰ) ਸੁਆਹ ਦੀ ਢੇਰੀ ਹੀ ਹੈ, (ਮਨੁੱਖ ਹਰਿ-ਨਾਮ ਤੋਂ ਵਾਂਜਿਆ ਰਹਿ ਕੇ ਇਸ ਸਰੀਰ ਨੂੰ) ਮਿੱਟੀ-ਖੇਹ ਵਿਚ ਹੀ ਰੋਲ ਦੇਂਦਾ ਹੈ ॥੨॥
45409	1059	ਕਾਇਆ ਕੰਚਨ ਕੋਟੁ ਅਪਾਰਾ॥		Kaaeiaa Kanchan Kott Apaaraa ||	The body is the infinite fortress of gold;	ਉਹ (ਮਨੁੱਖਾ) ਸਰੀਰ ਬੇਅੰਤ ਪਰਮਾਤਮਾ ਦੇ ਰਹਿਣ ਵਾਸਤੇ (ਮਾਨੋ) ਸੋਨੇ ਦਾ ਕਿਲ੍ਹਾ ਹੈ,
45410	1059	ਜਿਸੁ ਵਿਚਿ ਰਵਿਆ ਸਬਦੁ ਅਪਾਰਾ॥		Jis Vich Raviaa Sabadh Apaaraa ||	It is permeated by the Infinite Word of the Shabad.	ਜਿਸ ਸਰੀਰ ਵਿਚ ਬੇਅੰਤ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਹਰ ਵੇਲੇ ਮੌਜੂਦ ਹੈ।
45411	1059	ਗੁਰਮੁਖਿ ਗਾਵੈ ਸਦਾ ਗੁਣ ਸਾਚੇ ਮਿਲਿ ਪ੍ਰੀਤਮ ਸੁਖੁ ਪਾਇਦਾ ॥੩॥		Guramukh Gaavai Sadhaa Gun Saachae Mil Preetham Sukh Paaeidhaa ||3||	The Gurmukh sings the Glorious Praises of the True Lord forever; meeting his Beloved, he finds peace. ||3||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਇਹ ਸਰੀਰ ਦੀ ਰਾਹੀਂ) ਸਦਾ-ਥਿਰ ਪਰਮਾਤਮਾ ਦੇ ਗੁਣ ਸਦਾ ਗਾਂਦਾ ਹੈ, ਉਹ ਪ੍ਰੀਤਮ ਪ੍ਰਭੂ ਨੂੰ ਮਿਲ ਕੇ ਆਤਮਕ ਆਨੰਦ ਮਾਣਦਾ ਹੈ ॥੩॥

45412	1059	ਕਾਇਆ ਹਰਿਮੰਦਰੁ ਹਰਿ ਆਪਿ ਸਵਾਰੇ॥		Kaaeiaa Har Mandhar Har Aap Savaarae ||	The body is the temple of the Lord; the Lord Himself embellishes it.	ਇਹ ਮਨੁੱਖਾ ਸਰੀਰ ਪਰਮਾਤਮਾ ਦਾ (ਪਵਿੱਤਰ) ਘਰ ਹੈ, ਪਰਮਾਤਮਾ ਇਸ ਨੂੰ ਆਪ ਹੀ ਸੋਹਣਾ ਬਣਾਂਦਾ ਹੈ,
45413	1059	ਤਿਸੁ ਵਿਚਿ ਹਰਿ ਜੀਉ ਵਸੈ ਮੁਰਾਰੇ॥		This Vich Har Jeeo Vasai Muraarae ||	The Dear Lord dwells within it.	ਇਸ ਵਿਚ ਵਿਚਾਰ-ਦੈਂਤਾਂ ਦੇ ਮਾਰਨ ਵਾਲਾ ਪ੍ਰਭੂ ਆਪ ਵੱਸਦਾ ਹੈ।
45414	1059	ਗੁਰ ਕੈ ਸਬਦਿ ਵਣਜਨਿ ਵਾਪਾਰੀ ਨਦਰੀ ਆਪਿ ਮਿਲਾਇਦਾ॥੪॥		Gur Kai Sabadh Vanajan Vaapaaree Nadharee Aap Milaaeidhaa ||4||	Through the Word of the Guru's Shabad, the merchants trade, and in His Grace, the Lord merges them with Himself. ||4||	ਜਿਹੜੇ ਜੀਵ-ਵਣਜਾਰੇ (ਇਸ ਸਰੀਰ ਵਿਚ) ਗੁਰੂ ਦੇ ਸ਼ਬਦ ਦੀ ਰਾਹੀਂ ਹਰਿ-ਨਾਮ ਦਾ ਵਣਜ ਕਰਦੇ ਹਨ, ਪ੍ਰਭੂ ਮਿਹਰ ਦੀ ਨਿਗਾਹ ਨਾਲ ਉਹਨਾਂ ਨੂੰ (ਆਪਣੇ ਨਾਲ) ਮਿਲਾ ਲੈਂਦਾ ਹੈ ॥੪॥
45415	1059	ਸੋ ਸੂਚਾ ਜਿ ਕਰੋਧੁ ਨਿਵਾਰੇ॥		So Soochaa J Karodhh Nivaarae ||	He alone is pure, who eradicates anger.	ਜਿਹੜਾ ਮਨੁੱਖ (ਆਪਣੇ ਅੰਦਰੋਂ) ਕ੍ਰੋਧ ਦੂਰ ਕਰ ਲੈਂਦਾ ਹੈ, ਉਹ ਪਵਿੱਤਰ ਹਿਰਦੇ ਵਾਲਾ ਬਣ ਜਾਂਦਾ ਹੈ।
45416	1059	ਸਬਦੇ ਬੂਝੈ ਆਪੁ ਸਵਾਰੇ॥		Sabadhae Boojhai Aap Savaarae ||	He realizes the Shabad, and reforms himself.	ਉਹ ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਆਤਮਕ ਜੀਵਨ ਨੂੰ) ਸਮਝ ਲੈਂਦਾ ਹੈ, ਤੇ, ਆਪਣੇ ਜੀਵਨ ਨੂੰ ਸੰਵਾਰ ਲੈਂਦਾ ਹੈ।

45417	1059	ਆਪੇ ਕਰੇ ਕਰਾਏ ਕਰਤਾ ਆਪੇ ਮੰਨਿ ਵਸਾਇਦਾ॥੫॥		Aapae Karae Karaaeae Karathaa Aapae Mann Vasaaeidhaa ||5||	The Creator Himself acts, and inspires all to act; He Himself abides in the mind. ||5||	(ਪਰ, ਇਹ ਉਸ ਦੀ ਆਪਣੀ ਹੀ ਮਿਹਰ ਹੈ) ਪ੍ਰਭੂ ਆਪ ਹੀ (ਜੀਵ ਦੇ ਅੰਦਰ ਬੈਠਾ ਇਹ ਉੱਦਮ) ਕਰਦਾ ਹੈ, (ਜੀਵ ਪਾਸੋਂ) ਕਰਤਾਰ ਆਪ ਹੀ (ਇਹ ਕੰਮ) ਕਰਾਂਦਾ ਹੈ, ਆਪ ਹੀ (ਉਸ ਦੇ) ਮਨ ਵਿਚ (ਆਪਣਾ ਨਾਮ) ਵਸਾਂਦਾ ਹੈ ॥੫॥
45418	1059	ਨਿਰਮਲ ਭਗਤਿ ਹੈ ਨਿਰਾਲੀ॥		Niramal Bhagath Hai Niraalee ||	Pure and unique is devotional worship.	ਪਰਮਾਤਮਾ ਦੀ ਭਗਤੀ (ਜੀਵਨ ਨੂੰ) ਪਵਿੱਤਰ ਕਰਨ ਵਾਲੀ (ਇਕ) ਅਨੋਖੀ (ਦਾਤਿ) ਹੈ।
45419	1059	ਮਨੁ ਤਨੁ ਧੋਵਹਿ ਸਬਦਿ ਵੀਚਾਰੀ॥		Man Than Dhhovehi Sabadh Veechaaree ||	The mind and body are washed clean, contemplating the Shabad.	ਗੁਰੂ ਦੇ ਸ਼ਬਦ ਵਿਚ ਜੁੜ ਕੇ (ਭਗਤੀ ਦੇ ਅੰਮ੍ਰਿਤ ਨਾਲ ਜਿਹੜੇ ਮਨੁੱਖ ਆਪਣਾ) ਮਨ ਤਨ ਧੋਂਦੇ ਹਨ, ਉਹ ਸੁੰਦਰ ਵਿਚਾਰ ਦੇ ਮਾਲਕ ਬਣ ਜਾਂਦੇ ਹਨ।
45420	1060	ਅਨ ਦਿਨੁ ਸਦਾ ਰਹੈ ਰੰਗਿ ਰਾਤਾ ਕਰਿ ਕਿਰਪਾ ਭਗਤਿ ਕਰਾਇਦਾ॥੬॥		Anadhin Sadhaa Rehai Rang Raathaa Kar Kirapaa Bhagath Karaaeidhaa ||6||	One who remains forever imbued with His Love, night and day - in His Mercy, the Lord inspires him to perform devotional worship service. ||6||	(ਇਸ ਭਗਤੀ ਦੀ ਰਾਹੀਂ) ਮਨੁੱਖ ਹਰ ਵੇਲੇ ਸਦਾ ਹੀ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿ ਸਕਦਾ ਹੈ। (ਪਰ ਇਹ ਉਸ ਦੀ ਮਿਹਰ ਹੀ ਹੈ) ਪਰਮਾਤਮਾ ਕਿਰਪਾ ਕਰ ਕੇ (ਆਪ ਹੀ ਜੀਵ ਪਾਸੋਂ ਆਪਣੀ) ਭਗਤੀ ਕਰਾਂਦਾ ਹੈ ॥੬॥

45421	1060	ਇਸੁ ਮਨ ਮੰਦਰ ਮਹਿ ਮਨੂਆ ਧਾਵੈ॥		Eis Man Mandhar Mehi Manooaa Dhhaavai ||	In this temple of the mind, the mind wanders around.	(ਮਨੁੱਖ ਦੇ) ਇਸ ਸਰੀਰ ਵਿਚ (ਰਹਿਣ ਵਾਲਾ) ਚੰਚਲ ਮਨ (ਹਰ ਵੇਲੇ) ਭਟਕਦਾ ਫਿਰਦਾ ਹੈ,
45422	1060	ਸੁਖੁ ਪਲਰਿ ਤਿਆਗਿ ਮਹਾ ਦੁਖੁ ਪਾਵੈ॥	ਪੱਲਰਿ	Sukh Palar Thiaag Mehaa Dhukh Paavai ||	Discarding joy like straw, it suffers in terrible pain.	(ਵਿਕਾਰਾਂ ਦੀ) ਪਰਾਲੀ ਦੀ ਖ਼ਾਤਰ ਆਤਮਕ ਆਨੰਦ ਨੂੰ ਤਿਆਗ ਕੇ ਬੜਾ ਦੁੱਖ ਪਾਂਦਾ ਹੈ।
45423	1060	ਬਿਨੁ ਸਤਿਗੁਰ ਭੇਟੇ ਠਉਰ ਨ ਪਾਵੈ ਆਪੇ ਖੇਲੁ ਕਰਾਇਦਾ॥੭॥		Bin Sathigur Bhaettae Thour N Paavai Aapae Khael Karaaeidhaa ||7||	Without meeting the True Guru, it finds no place of rest; He Himself has staged this play. ||7||	ਗੁਰੂ ਨੂੰ ਮਿਲਣ ਤੋਂ ਬਿਨਾ ਇਸ ਨੂੰ ਸ਼ਾਂਤੀ ਵਾਲਾ ਥਾਂ ਨਹੀਂ ਲੱਭਦਾ; (ਪਰ ਜੀਵ ਦੇ ਕੀਹ ਵੱਸ? ਉਸ ਪਾਸੋਂ ਇਹ) ਖੇਡ ਪਰਮਾਤਮਾ ਆਪ ਹੀ ਕਰਾਂਦਾ ਹੈ ॥੭॥
45424	1060	ਆਪਿ ਅਪਰੰਪਰੁ ਆਪਿ ਵੀਚਾਰੀ॥	ਅਪ-ਰੰਪਰੁ	Aap Aparanpar Aap Veechaaree ||	He Himself is infinite; He contemplates Himself.	ਬੇਅੰਤ ਪਰਮਾਤਮਾ ਆਪ ਹੀ ਆਤਮਕ ਜੀਵਨ ਦੀ ਵਿਚਾਰ ਬਖ਼ਸ਼ਣ ਵਾਲਾ ਹੈ,
45425	1060	ਆਪੇ ਮੇਲੇ ਕਰਣੀ ਸਾਰੀ॥		Aapae Maelae Karanee Saaree ||	He Himself bestows Union through actions of excellence.	(ਨਾਮ ਜਪਣ ਦੀ) ਸ੍ਰੇਸ਼ਟ ਕਰਣੀ ਦੇ ਕੇ ਆਪ ਹੀ (ਜੀਵ ਨੂੰ ਆਪਣੇ ਨਾਲ) ਮਿਲਾਂਦਾ ਹੈ।
45426	1060	ਕਿਆ ਕੋ ਕਾਰ ਕਰੇ ਵੇਚਾਰਾ ਆਪੇ ਬਖਸਿ ਮਿਲਾਇਦਾ॥੮॥		Kiaa Ko Kaar Karae Vaechaaraa Aapae Bakhas Milaaeidhaa ||8||	What can the poor creatures do? Granting forgiveness, He unites them with Himself. ||8||	ਜੀਵ ਵਿਚਾਰਾ ਆਪਣੇ ਆਪ ਕੋਈ (ਚੰਗਾ ਮੰਦਾ) ਕੰਮ ਨਹੀਂ ਕਰ ਸਕਦਾ। ਪਰਮਾਤਮਾ ਆਪ ਹੀ ਬਖ਼ਸ਼ਸ਼ ਕਰ ਕੇ (ਆਪਣੇ ਚਰਨਾਂ ਵਿਚ ਜੀਵ ਨੂੰ) ਜੋੜਦਾ ਹੈ ॥੮॥

45427	1060	ਆਪੇ ਸਤਿਗੁਰੁ ਮੇਲੇ ਪੂਰਾ॥		Aapae Sathigur Maelae Pooraa ||	The Perfect Lord Himself unites them with the True Guru.	(ਪਰਮਾਤਮਾ) ਆਪ ਹੀ (ਮਨੁੱਖ ਨੂੰ) ਪੂਰਾ ਗੁਰੂ ਮਿਲਾਂਦਾ ਹੈ,
45428	1060	ਸਚੈ ਸਬਦਿ ਮਹਾ ਬਲ ਸੂਰਾ॥		Sachai Sabadh Mehaabal Sooraa ||	Through the True Word of the Shabad, he makes them brave spiritual heroes.	ਤੇ, ਸਿਫ਼ਤ-ਸਾਲਾਹ ਵਾਲੇ ਸ਼ਬਦ ਵਿਚ ਜੋੜ ਕੇ (ਵਿਕਾਰਾਂ ਦੇ ਟਾਕਰੇ ਤੇ) ਆਤਮਕ ਬਲ ਵਾਲਾ ਸੂਰਮਾ ਬਣਾ ਦੇਂਦਾ ਹੈ।
45429	1060	ਆਪੇ ਮੇਲੇ ਦੇ ਵਡਿਆਈ ਸਚੇ ਸਿਉ ਚਿਤੁ ਲਾਇਦਾ॥੯॥		Aapae Maelae Dhae Vaddiaaee Sachae Sio Chith Laaeidhaa ||9||	Uniting them with Himself, He bestows glorious greatness; He inspires them to focus their consciousness on the True Lord. ||9||	ਪ੍ਰਭੂ ਆਪ ਹੀ (ਜੀਵ ਨੂੰ ਆਪਣੇ ਨਾਲ) ਮਿਲਾਂਦਾ ਹੈ, (ਉਸ ਨੂੰ ਲੋਕ ਪਰਲੋਕ ਦੀ) ਇੱਜ਼ਤ ਦੇਂਦਾ ਹੈ। (ਜਿਸ ਨੂੰ ਆਪਣੇ ਨਾਲ ਮਿਲਾਂਦਾ ਹੈ, ਉਹ ਮਨੁੱਖ) ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ (ਆਪਣਾ) ਚਿੱਤ ਜੋੜੀ ਰੱਖਦਾ ਹੈ ॥੯॥
45430	1060	ਘਰ ਹੀ ਅੰਦਰਿ ਸਾਚਾ ਸੋਈ॥		Ghar Hee Andhar Saachaa Soee ||	The True Lord is deep within the heart.	ਸਦਾ ਕਾਇਮ ਰਹਿਣ ਵਾਲਾ ਪਰਮਾਤਮਾ (ਹਰੇਕ ਮਨੁੱਖ ਦੇ) ਹਿਰਦੇ ਘਰ ਵਿਚ ਹੀ ਵੱਸਦਾ ਹੈ,
45431	1060	ਗੁਰਮੁਖਿ ਵਿਰਲਾ ਬੂਝੈ ਕੋਈ॥		Guramukh Viralaa Boojhai Koee ||	How rare are those who, as Gurmukh, realize this.	ਪਰ ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਵਿਰਲਾ ਮਨੁੱਖ (ਇਹ ਭੇਤ) ਸਮਝਦਾ ਹੈ।

45432	1060	ਨਾਮੁ ਨਿਧਾਨੁ ਵਸਿਆ ਘਟ ਅੰਤਰਿ ਰਸਨਾ ਨਾਮੁ ਧਿਆਇਦਾ॥੧੦॥		Naam Nidhhaan Vasiaa Ghatt Anthar Rasanaa Naam Dhhiaaeidhaa ||10||	The treasure of the Naam abides deep within their hearts; they meditate on the Naam with their tongues. ||10||	(ਜਿਹੜਾ ਇਹ ਭੇਤ ਸਮਝ ਲੈਂਦਾ ਹੈ) ਉਸ ਦੇ ਹਿਰਦੇ ਵਿਚ (ਸਾਰੇ ਸੁਖਾਂ ਦਾ) ਖ਼ਜ਼ਾਨਾ ਹਰਿ-ਨਾਮ ਟਿਕਿਆ ਰਹਿੰਦਾ ਹੈ, ਉਹ ਮਨੁੱਖ ਆਪਣੀ ਜੀਭ ਨਾਲ ਹਰਿ-ਨਾਮ ਜਪਦਾ ਰਹਿੰਦਾ ਹੈ ॥੧੦॥
45433	1060	ਦਿਸੰਤਰੁ ਭਵੈ ਅੰਤਰੁ ਨਹੀ ਭਾਲੇ॥		Dhisanthar Bhavai Anthar Nehee Bhaalae ||	He wanders through foreign lands, but does not look within himself.	(ਜਿਹੜਾ ਮਨੁੱਖ ਤਿਆਗ ਆਦਿਕ ਵਾਲਾ ਭੇਖ ਧਾਰ ਕੇ ਤੀਰਥ ਆਦਿਕ) ਹੋਰ ਹੋਰ ਥਾਂ ਭੌਂਦਾ ਫਿਰਦਾ ਹੈ,
45434	1060	ਮਾਇਆ ਮੋਹਿ ਬਧਾ ਜਮਕਾਲੇ॥		Maaeiaa Mohi Badhhaa Jamakaalae ||	Attached to Maya, he is bound and gagged by the Messenger of Death.	ਪਰ ਆਪਣੇ ਹਿਰਦੇ ਨੂੰ ਨਹੀਂ ਖੋਜਦਾ, ਉਹ ਮਨੁੱਖ ਮਾਇਆ ਦੇ ਮੋਹ ਵਿਚ ਬੱਝਾ ਰਹਿੰਦਾ ਹੈ, ਉਹ ਮਨੁੱਖ ਆਤਮਕ ਮੌਤ ਦੇ ਕਾਬੂ ਆਇਆ ਰਹਿੰਦਾ ਹੈ।
45435	1060	ਜਮ ਕੀ ਫਾਸੀ ਕਬਹੂ ਨ ਤੂਟੈ ਦੂਜੈ ਭਾਇ ਭਰਮਾਇਦਾ॥੧੧॥		Jam Kee Faasee Kabehoo N Thoottai Dhoojai Bhaae Bharamaaeidhaa ||11||	The noose of death around his neck will never be untied; in the love of duality, he wanders in reincarnation. ||11||	ਉਸ ਦਾ ਜਨਮ ਮਰਨ ਦਾ ਗੇੜ ਕਦੇ ਨਹੀਂ ਮੁੱਕਦਾ, ਉਹ ਮਨੁੱਖ ਹੋਰ ਹੋਰ ਪਿਆਰ ਵਿਚ ਫਸ ਕੇ ਭਟਕਦਾ ਫਿਰਦਾ ਹੈ ॥੧੧॥
45436	1060	ਜਪੁ ਤਪੁ ਸੰਜਮੁ ਹੋਰੁ ਕੋਈ ਨਾਹੀ॥		Jap Thap Sanjam Hor Koee Naahee ||	There is no real chanting, meditation, penance or self-control,	ਕੋਈ ਜਪ ਕੋਈ ਤਪ ਕੋਈ ਸੰਜਮ (ਇਸ ਜੀਵਨ-ਸਫ਼ਰ ਵਿਚ) ਹੋਰ ਕੋਈ ਭੀ ਉੱਦਮ ਉਹਨਾਂ ਦੀ ਸਹਾਇਤਾ ਨਹੀਂ ਕਰਦਾ,

45437	1060	ਜਬ ਲਗੁ ਗੁਰ ਕਾ ਸਬਦੁ ਨ ਕਮਾਹੀ॥		Jab Lag Gur Kaa Sabadh N Kamaahee ||	As long as one does not live to the Word of the Guru's Shabad.	ਜਦੋਂ ਤਕ ਮਨੁੱਖ ਗੁਰੂ ਦੇ ਸ਼ਬਦ ਦੇ (ਹਿਰਦੇ ਵਿਚ ਵਸਾਣ ਦੀ) ਕਮਾਈ ਨਹੀਂ ਕਰਦੇ।
45438	1060	ਗੁਰ ਕੈ ਸਬਦਿ ਮਿਲਿਆ ਸਚੁ ਪਾਇਆ ਸਚੇ ਸਚਿ ਸਮਾਇਦਾ॥੧੨॥		Gur Kai Sabadh Miliaa Sach Paaeiaa Sachae Sach Samaaeidhaa ||12||	Accepting the Word of the Guru's Shabad, one obtains Truth; through Truth, one merges in the True Lord. ||12||	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ, ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਮਿਲਾਪ ਹਾਸਲ ਕਰ ਲੈਂਦਾ ਹੈ, ਉਹ ਹਰ ਵੇਲੇ ਸਦਾ ਕਾਇਮ ਰਹਿਣ ਵਾਲੇ ਹਰਿ-ਨਾਮ ਵਿਚ ਲੀਨ ਰਹਿੰਦਾ ਹੈ ॥੧੨॥
45439	1060	ਕਾਮ ਕਰੋਧੁ ਸਬਲ ਸੰਸਾਰਾ॥		Kaam Karodhh Sabal Sansaaraa ||	Sexual desire and anger are very powerful in the world.	ਕਾਮ ਅਤੇ ਕ੍ਰੋਧ ਜਗਤ ਵਿਚ ਬੜੇ ਬਲੀ ਹਨ,
45440	1060	ਬਹੁ ਕਰਮ ਕਮਾਵਹਿ ਸਭੁ ਦੁਖ ਕਾ ਪਸਾਰਾ॥		Bahu Karam Kamaavehi Sabh Dhukh Kaa Pasaaraa ||	They lead to all sorts of actions, but these only add to all the pain.	(ਜੀਵ ਇਹਨਾਂ ਦੇ ਪ੍ਰਭਾਵ ਵਿਚ ਫਸੇ ਰਹਿੰਦੇ ਹਨ, ਪਰ ਦੁਨੀਆ ਨੂੰ ਪਤਿਆਉਣ ਦੀ ਖ਼ਾਤਰ ਤੀਰਥ-ਜਾਤ੍ਰਾ ਆਦਿਕ ਧਾਰਮਿਕ ਮਿਥੇ ਹੋਏ) ਅਨੇਕਾਂ ਕਰਮ (ਭੀ) ਕਰਦੇ ਹਨ। ਇਹ ਸਾਰਾ ਦੁੱਖਾਂ ਦਾ ਹੀ ਖਿਲਾਰਾ (ਬਣਿਆ ਰਹਿੰਦਾ) ਹੈ।

45441	1060	ਸਤਿਗੁਰ ਸੇਵਹਿ ਸੇ ਸੁਖੁ ਪਾਵਹਿ ਸਚੈ ਸਬਦਿ ਮਿਲਾਇਦਾ॥੧੩॥		Sathigur Saevehi Sae Sukh Paavehi Sachai Sabadh Milaaeidhaa ||13||	Those who serve the True Guru find peace; they are united with the True Shabad. ||13||	ਜਿਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ ਆਤਮਕ ਆਨੰਦ ਮਾਣਦੇ ਹਨ, (ਗੁਰੂ ਉਹਨਾਂ ਨੂੰ) ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਜੋੜਦਾ ਹੈ ॥੧੩॥
45442	1060	ਪਉਣੁ ਪਾਣੀ ਹੈ ਬੈਸੰਤਰੁ॥		Poun Paanee Hai Baisanthar ||	Air, water and fire make up the body.	(ਉਂਞ ਤਾਂ ਇਸ ਸਰੀਰ ਦੇ) ਹਵਾ, ਪਾਣੀ, ਅੱਗ (ਆਦਿਕ ਸਾਦਾ ਜਿਹੇ ਹੀ ਤੱਤ ਹਨ, ਪਰ)
45443	1060	ਮਾਇਆ ਮੋਹੁ ਵਰਤੈ ਸਭ ਅੰਤਰਿ॥		Maaeiaa Mohu Varathai Sabh Anthar ||	Emotional attachment to Maya rules deep within all.	ਸਭ ਜੀਵਾਂ ਦੇ ਅੰਦਰ ਮਾਇਆ ਦਾ ਮੋਹ (ਆਪਣਾ) ਜ਼ੋਰ ਬਣਾਈ ਰੱਖਦਾ ਹੈ।
45444	1060	ਜਿਨਿ ਕੀਤੇ ਜਾ ਤਿਸੈ ਪਛਾਣਹਿ ਮਾਇਆ ਮੋਹੁ ਚੁਕਾਇਦਾ॥੧੪॥		Jin Keethae Jaa Thisai Pashhaanehi Maaeiaa Mohu Chukaaeidhaa ||14||	When one realizes the One who created him, emotional attachment to Maya is dispelled. ||14||	ਜਦੋਂ (ਕੋਈ ਵਡ-ਭਾਗੀ) ਉਸ ਪਰਮਾਤਮਾ ਨਾਲ ਸਾਂਝ ਪਾਂਦੇ ਹਨ ਜਿਸ ਨੇ (ਉਹਨਾਂ ਨੂੰ) ਪੈਦਾ ਕੀਤਾ ਹੈ, ਤਾਂ (ਉਹ ਪਰਮਾਤਮਾ ਉਹਨਾਂ ਦੇ ਅੰਦਰੋਂ) ਮਾਇਆ ਦਾ ਮੋਹ ਦੂਰ ਕਰ ਦੇਂਦਾ ਹੈ ॥੧੪॥
45445	1060	ਇਕਿ ਮਾਇਆ ਮੋਹਿ ਗਰਬਿ ਵਿਆਪੇ॥		Eik Maaeiaa Mohi Garab Viaapae ||	Some are engrossed in emotional attachment to Maya and pride.	ਕਈ (ਜੀਵ ਐਸੇ ਹਨ ਜੋ ਹਰ ਵੇਲੇ) ਮਾਇਆ ਦੇ ਮੋਹ ਵਿਚ ਅਹੰਕਾਰ ਵਿਚ ਗ੍ਰਸੇ ਰਹਿੰਦੇ ਹਨ,
45446	1060	ਹਉਮੈ ਹੋਇ ਰਹੇ ਹੈ ਆਪੇ॥		Houmai Hoe Rehae Hai Aapae ||	They are self-conceited and egotistical.	ਹਉਮੈ ਦਾ ਪੁਤਲਾ ਹੀ ਬਣੇ ਰਹਿੰਦੇ ਹਨ।

45447	1060	ਜਮਕਾਲੈ ਕੀ ਖਬਰਿ ਨ ਪਾਈ ਅੰਤਿ ਗਇਆ ਪਛੁਤਾਇਦਾ॥੧੫॥		Jamakaalai Kee Khabar N Paaee Anth Gaeiaa Pashhuthaaeidhaa ||15||	They never think about the Messenger of Death; in the end, they leave, regretting and repenting. ||15||	(ਪਰ ਜਿਸ ਭੀ ਅਜਿਹੇ ਮਨੁੱਖ ਨੂੰ ਇਸ) ਆਤਮਕ ਮੌਤ ਦੀ ਸਮਝ ਨਹੀਂ ਪੈਂਦੀ, ਉਹ ਅੰਤ ਵੇਲੇ ਇੱਥੋਂ ਹੱਥ ਮਲਦਾ ਹੀ ਜਾਂਦਾ ਹੈ ॥੧੫॥
45448	1060	ਜਿਨਿ ਉਪਾਏ ਸੋ ਬਿਧਿ ਜਾਣੈ॥		Jin Oupaaeae So Bidhh Jaanai ||	He alone knows the Way, who created it.	ਪਰ, (ਜੀਵਾਂ ਦੇ ਭੀ ਕੀਹ ਵੱਸ?) ਜਿਸ ਪਰਮਾਤਮਾ ਨੇ (ਜੀਵ) ਪੈਦਾ ਕੀਤੇ ਹਨ ਉਹ ਹੀ (ਇਸ ਆਤਮਕ ਮੌਤ ਤੋਂ ਬਚਾਣ ਦਾ) ਢੰਗ ਜਾਣਦਾ ਹੈ।
45449	1060	ਗੁਰਮੁਖਿ ਦੇਵੈ ਸਬਦੁ ਪਛਾਣੈ॥		Guramukh Dhaevai Sabadh Pashhaanai ||	The Gurmukh, who is blessed with the Shabad, realizes Him.	(ਉਹ ਇਹ ਸੂਝ ਜਿਸ ਜੀਵ ਨੂੰ) ਗੁਰੂ ਦੀ ਸਰਨ ਪਾ ਕੇ ਦੇਂਦਾ ਹੈ, ਉਹ ਗੁਰੂ ਦੇ ਸ਼ਬਦ ਨਾਲ ਸਾਂਝ ਪਾ ਲੈਂਦਾ ਹੈ।
45450	1060	ਨਾਨਕ ਦਾਸੁ ਕਹੈ ਬੇਨੰਤੀ ਸਚਿ ਨਾਮਿ ਚਿਤੁ ਲਾਇਦਾ॥੧੬॥੨॥੧੬॥		Naanak Dhaas Kehai Baenanthee Sach Naam Chith Laaeidhaa ||16||2||16||	Slave Nanak offers ths prayer; O Lord, let my consciousness be attached to the True Name. ||16||2||16||	ਨਾਨਕ ਦਾਸ ਬੇਨਤੀ ਕਰਦਾ ਹੈ- ਉਹ ਮਨੁੱਖ ਆਪਣਾ ਚਿੱਤ ਸਦਾ ਕਾਇਮ ਰਹਿਣ ਵਾਲੇ ਹਰਿ-ਨਾਮ ਵਿਚ ਜੋੜੀ ਰੱਖਦਾ ਹੈ ॥੧੬॥੨॥੧੬॥
45451	1060	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	

45452	1060	ਆਦਿ ਜੁਗਾਦਿ ਦਇਆ ਪਤਿ ਦਾਤਾ॥		Aadh Jugaadh Dhaeiaapath Dhaathaa ||	From the very beginning of time, and throughout the ages, the Merciful Lord has been the Great Giver.	ਹੇ ਪ੍ਰਭੂ! ਤੂੰ (ਜਗਤ ਦੇ) ਸ਼ੁਰੂ ਤੋਂ, ਜੁਗਾਂ ਦੇ ਸ਼ੁਰੂ ਤੋਂ ਦਇਆ ਦਾ ਮਾਲਕ ਹੈਂ (ਸਾਰੇ ਸੁਖ ਪਦਾਰਥ) ਦੇਣ ਵਾਲਾ ਹੈਂ।
45453	1060	ਪੂਰੇ ਗੁਰ ਕੈ ਸਬਦਿ ਪਛਾਤਾ॥		Poorae Gur Kai Sabadh Pashhaathaa ||	Through the Shabad, the Word of the Perfect Guru, He is realized.	ਪੂਰੇ ਗੁਰੂ ਦੇ ਸ਼ਬਦ ਦੀ ਰਾਹੀਂ ਤੇਰੇ ਨਾਲ ਜਾਣ-ਪਛਾਣ ਬਣ ਸਕਦੀ ਹੈ।
45454	1060	ਤੁਧੁਨੋ ਸੇਵਹਿ ਸੇ ਤੁਝਹਿ ਸਮਾਵਹਿ ਤੂ ਆਪੇ ਮੇਲਿ ਮਿਲਾਇਦਾ॥੧॥		Thudhhuno Saevehi Sae Thujhehi Samaavehi Thoo Aapae Mael Milaaeidhaa ||1||	Those who serve You are immersed in You. You unite them in Union with Yourself. ||1||	ਜਿਹੜੇ ਮਨੁੱਖ ਤੇਰੀ ਸੇਵਾ-ਭਗਤੀ ਕਰਦੇ ਹਨ, ਉਹ ਤੇਰੇ (ਚਰਨਾਂ) ਵਿਚ ਲੀਨ ਰਹਿੰਦੇ ਹਨ। ਤੂੰ ਆਪ ਹੀ (ਉਹਨਾਂ ਨੂੰ ਗੁਰੂ ਨਾਲ) ਮਿਲਾ ਕੇ (ਆਪਣੇ ਨਾਲ) ਮਿਲਾਂਦਾ ਹੈਂ ॥੧॥
45455	1060	ਅਗਮ ਅਗੋਚਰੁ ਕੀਮਤਿ ਨਹੀ ਪਾਈ॥		Agam Agochar Keemath Nehee Paaee ||	You are inaccessible and unfathomable; Your limits cannot be found.	ਹੇ ਪ੍ਰਭੂ! ਤੂੰ ਅਪਹੁੰਚ ਹੈਂ, ਗਿਆਨ ਇੰਦ੍ਰਿਆਂ ਦੀ ਰਾਹੀਂ ਤੇਰੀ ਸੂਝ ਨਹੀਂ ਪੈ ਸਕਦੀ, ਤੇਰਾ ਮੁੱਲ ਨਹੀਂ ਪਾਇਆ ਜਾ ਸਕਦਾ (ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਤੇਰੀ ਪ੍ਰਾਪਤੀ ਨਹੀਂ ਹੋ ਸਕਦੀ)।
45456	1060	ਜੀਅ ਜੰਤ ਤੇਰੀ ਸਰਣਾਈ॥		Jeea Janth Thaeree Saranaaee ||	All beings and creatures seek Your Sanctuary.	ਸਾਰੇ ਜੀਅ ਜੰਤ ਤੇਰੇ ਹੀ ਆਸਰੇ ਹਨ।

45457	1060	ਜਿਉ ਤੁਧੁ ਭਾਵੈ ਤਿਵੈ ਚਲਾਵਹਿ ਤੂ ਆਪੇ ਮਾਰਗਿ ਪਾਇਦਾ॥੨॥		Jio Thudhh Bhaavai Thivai Chalaavehi Thoo Aapae Maarag Paaeidhaa ||2||	As is pleases Your Will, You guide us along; You Yourself place us on the Path. ||2||	ਜਿਵੇਂ ਤੈਨੂੰ ਚੰਗਾ ਲੱਗਦਾ ਹੈ, ਤੂੰ ਜੀਵਾਂ ਨੂੰ ਕਾਰੇ ਲਾਂਦਾ ਹੈਂ, ਤੂੰ ਆਪ ਹੀ (ਜੀਵਾਂ ਨੂੰ) ਸਹੀ ਜੀਵਨ-ਰਾਹ ਉਤੇ ਤੋਰਦਾ ਹੈਂ ॥੨॥
45458	1060	ਹੈ ਭੀ ਸਾਚਾ ਹੋਸੀ ਸੋਈ॥		Hai Bhee Saachaa Hosee Soee ||	The True Lord is, and shall always be.	ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਇਸ ਵੇਲੇ ਭੀ ਮੌਜੂਦ ਹੈ, ਉਹ ਸਦਾ ਕਾਇਮ ਰਹੇਗਾ।
45459	1060	ਆਪੇ ਸਾਜੇ ਅਵਰੁ ਨ ਕੋਈ॥		Aapae Saajae Avar N Koee ||	He Himself creates - there is no other at all.	ਉਹ ਆਪ ਹੀ (ਸ੍ਰਿਸ਼ਟੀ) ਪੈਦਾ ਕਰਦਾ ਹੈ, (ਉਸ ਤੋਂ ਬਿਨਾ ਪੈਦਾ ਕਰਨ ਵਾਲਾ) ਕੋਈ ਹੋਰ ਨਹੀਂ ਹੈ।
45460	1060	ਸਭਨਾ ਸਾਰ ਕਰੇ ਸੁਖਦਾਤਾ ਆਪੇ ਰਿਜਕੁ ਪਹੁਚਾਇਦਾ॥੩॥		Sabhanaa Saar Karae Sukhadhaathaa Aapae Rijak Pahuchaaeidhaa ||3||	The Giver of peace takes care of all; He Himself sustains them. ||3||	ਉਹ ਸਾਰੇ ਸੁਖ ਦੇਣ ਵਾਲਾ ਪਰਮਾਤਮਾ ਆਪ ਹੀ ਸਭ ਜੀਵਾਂ ਦੀ ਸੰਭਾਲ ਕਰਦਾ ਹੈ, ਉਹ ਆਪ ਹੀ ਸਭ ਨੂੰ ਰਿਜ਼ਕ ਅਪੜਾਂਦਾ ਹੈ ॥੩॥
45461	1060	ਅਗਮ ਅਗੋਚਰੁ ਅਲਖ ਅਪਾਰਾ॥		Agam Agochar Alakh Apaaraa ||	You are inaccessible, unfathomable, invisible and infinite;	ਹੇ ਪ੍ਰਭੂ! ਤੂੰ ਅਪਹੁੰਚ ਹੈਂ, ਤੂੰ ਅਗੋਚਰ ਹੈਂ, ਤੂੰ ਅਲੱਖ ਹੈਂ, ਤੂੰ ਬੇਅੰਤ ਹੈਂ।
45462	1060	ਕੋਇ ਨ ਜਾਣੈ ਤੇਰਾ ਪਰਵਾਰਾ॥		Koe N Jaanai Thaeraa Paravaaraa ||	No one knows Your extent.	ਕੋਈ ਭੀ ਜਾਣ ਨਹੀਂ ਸਕਦਾ ਕਿ ਤੇਰਾ ਕੇਡਾ ਵੱਡਾ ਪਰਵਾਰ ਹੈ।

45463	1060	ਆਪਣਾ ਆਪੁ ਪਛਾਣਹਿ ਆਪੇ ਗੁਰਮਤੀ ਆਪਿ ਬੁਝਾਇਦਾ॥੪॥		Aapanaa Aap Pashhaanehi Aapae Guramathee Aap Bujhaaeidhaa ||4||	You Yourself realize Yourself. Through the Guru's Teachings, You reveal Yourself. ||4||	ਆਪਣੇ ਆਪ ਨੂੰ (ਆਪਣੀ ਬਜ਼ੁਰਗੀ ਨੂੰ) ਤੂੰ ਆਪ ਹੀ ਸਮਝਦਾ ਹੈਂ, ਗੁਰੂ ਦੀ ਮੱਤ ਦੇ ਕੇ ਤੂੰ ਆਪ ਹੀ (ਜੀਵਾਂ ਨੂੰ ਸਹੀ ਜੀਵਨ-ਰਸਤਾ) ਸਮਝਾਂਦਾ ਹੈਂ ॥੪॥
45464	1060	ਪਾਤਾਲ ਪੁਰੀਆ ਲੋਅ ਆਕਾਰਾ॥		Paathaal Pureeaa Loa Aakaaraa ||	Your Almighty Command prevails throughout	(ਅਨੇਕਾਂ) ਪਾਤਾਲ, (ਅਨੇਕਾਂ) ਪੁਰੀਆਂ, (ਅਨੇਕਾਂ) ਮੰਡਲ-ਇਹ ਸਾਰਾ ਦਿੱਸਦਾ ਜਗਤ (ਪਰਮਾਤਮਾ ਦਾ ਪੈਦਾ ਕੀਤਾ ਹੋਇਆ ਹੈ),
45465	1061	ਤਿਸੁ ਵਿਚਿ ਵਰਤੈ ਹੁਕਮੁ ਕਰਾਰਾ॥		This Vich Varathai Hukam Karaaraa ||	The nether worlds, realms and worlds of form.	ਇਸ ਵਿਚ ਪਰਮਾਤਮਾ ਦਾ ਕਰੜਾ ਹੁਕਮ ਜਗਤ ਦੀ ਕਾਰ ਚਲਾ ਰਿਹਾ ਹੈ।
45466	1061	ਹੁਕਮੇ ਸਾਜੇ ਹੁਕਮੇ ਢਾਹੇ ਹੁਕਮੇ ਮੇਲਿ ਮਿਲਾਇਦਾ॥੫॥		Hukamae Saajae Hukamae Dtaahae Hukamae Mael Milaaeidhaa ||5||	By the Hukam of Your Command, You create, and by Your Command, You destroy. By Your Command, You unite in Union. ||5||	(ਇਸ ਸਾਰੇ ਜਗਤ ਨੂੰ ਪਰਮਾਤਮਾ ਆਪਣੇ) ਹੁਕਮ ਵਿਚ ਪੈਦਾ ਕਰਦਾ ਹੈ, ਹੁਕਮ ਵਿਚ ਹੀ ਢਾਹੁੰਦਾ ਹੈ। ਹੁਕਮ ਅਨੁਸਾਰ ਹੀ (ਜੀਵਾਂ ਨੂੰ ਗੁਰੂ ਨਾਲ) ਮੇਲ ਕੇ (ਆਪਣੇ ਚਰਨਾਂ ਵਿਚ) ਜੋੜਦਾ ਹੈ ॥੫॥
45467	1061	ਹੁਕਮੈ ਬੂਝੈ ਸੁ ਹੁਕਮੁ ਸਲਾਹੇ॥		Hukamai Boojhai S Hukam Salaahae ||	One who realizes Your Command, praises Your Command.	(ਹੇ ਪ੍ਰਭੂ!) ਜਿਹੜਾ ਮਨੁੱਖ ਤੇਰੇ ਹੁਕਮ ਨੂੰ ਸਮਝ ਲੈਂਦਾ ਹੈ, ਉਹ ਉਸ ਹੁਕਮ ਦੀ ਸੋਭਾ ਕਰਦਾ ਹੈ।
45468	1061	ਅਗਮ ਅਗੋਚਰ ਵੇਪਰਵਾਹੇ॥		Agam Agochar Vaeparavaahae ||	You are Inaccessible, Unfathomable and Self-Sufficient.	ਹੇ ਅਪਹੁੰਚ! ਹੇ ਅਗੋਚਰ! ਹੇ ਵੇ-ਪਰਵਾਹ!

45469	1061	ਜੇਹੀ ਮਤਿ ਦੇਹਿ ਸੋ ਹੋਵੈ ਤੂ ਆਪੇ ਸਬਦਿ ਬੁਝਾਇਦਾ॥੬॥	ਬੁੱਝਾਇਦਾ	Jaehee Math Dhaehi So Hovai Thoo Aapae Sabadh Bujhaaeidhaa ||6||	As is the understanding You give, so do I become. You Yourself reveal the Shabad. ||6||	ਤੂੰ ਜਿਹੋ ਜਿਹੀ ਮੱਤ (ਕਿਸੇ ਮਨੁੱਖ ਨੂੰ) ਦੇਂਦਾ ਹੈਂ, ਉਹ ਉਹੋ ਜਿਹਾ ਬਣ ਜਾਂਦਾ ਹੈ। ਤੂੰ ਆਪ ਹੀ ਗੁਰੂ ਦੇ ਸ਼ਬਦ ਵਿਚ (ਮਨੁੱਖ ਨੂੰ ਜੋੜ ਕੇ ਉਸ ਨੂੰ ਆਪਣੇ ਹੁਕਮ ਦੀ) ਸੂਝ ਬਖ਼ਸ਼ਦਾ ਹੈਂ ॥੬॥
45470	1061	ਅਨ ਦਿਨੁ ਆਰਜਾ ਛਿਜਦੀ ਜਾਏ॥		Anadhin Aarajaa Shhijadhee Jaaeae ||	Night and day, the days of our lives wear away.	ਹਰ ਰੋਜ਼ ਹਰ ਵੇਲੇ ਮਨੁੱਖ ਦੀ ਉਮਰ ਘਟਦੀ ਜਾਂਦੀ ਹੈ,
45471	1061	ਰੈਣਿ ਦਿਨਸੁ ਦੁਇ ਸਾਖੀ ਆਏ॥		Rain Dhinas Dhue Saakhee Aaeae ||	Night and day both bear witness to this loss.	ਰਾਤ ਅਤੇ ਦਿਨ ਇਹ ਦੋਵੇਂ ਇਸ ਗੱਲ ਦੇ ਗਵਾਹ ਹਨ (ਜਿਹੜਾ ਦਿਨ ਰਾਤ ਲੰਘ ਜਾਂਦਾ ਹੈ, ਉਹ ਵਾਪਸ ਉਮਰ ਵਿਚ ਨਹੀਂ ਆ ਸਕਦਾ)।
45472	1061	ਮਨਮੁਖੁ ਅੰਧੁ ਨ ਚੇਤੈ ਮੂੜਾ ਸਿਰ ਊਪਰਿ ਕਾਲੁ ਰੂਆਇਦਾ॥੭॥	ਮੂੜ੍ਹਾ	Manamukh Andhh N Chaethai Moorraa Sir Oopar Kaal Rooaaeidhaa ||7||	The blind, foolish, self-willed manmukh is not aware of this; death is hovering over his head. ||7||	ਪਰ ਮਨ ਦਾ ਮੁਰੀਦ ਤੇ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮੂਰਖ ਮਨੁੱਖ (ਇਸ ਗੱਲ ਨੂੰ) ਚੇਤੇ ਨਹੀਂ ਕਰਦਾ। (ਉਧਰੋਂ) ਮੌਤ (ਦਾ ਨਗਾਰਾ) ਸਿਰ ਉੱਤੇ ਗੱਜਦਾ ਰਹਿੰਦਾ ਹੈ ॥੭॥
45473	1061	ਮਨੁ ਤਨੁ ਸੀਤਲੁ ਗੁਰ ਚਰਣੀ ਲਾਗਾ॥		Man Than Seethal Gur Charanee Laagaa ||	The mind and body are cooled and soothed, holding tight to the Guru's Feet.	ਜਿਹੜਾ ਮਨੁੱਖ ਗੁਰੂ ਦੀ ਚਰਨੀਂ ਲੱਗਦਾ ਹੈ, ਉਸ ਦਾ ਮਨ ਸ਼ਾਂਤ ਰਹਿੰਦਾ ਹੈ ਉਸ ਦਾ ਤਨ ਸ਼ਾਂਤ ਰਹਿੰਦਾ ਹੈ।

45474	1061	ਅੰਤਰਿ ਭਰਮੁ ਗਇਆ ਭਉ ਭਾਗਾ॥		Anthar Bharam Gaeiaa Bho Bhaagaa ||	Doubt is eliminated from within, and fear runs away.	ਉਸ ਦੇ ਅੰਦਰ (ਟਿਕੀ ਹੋਈ) ਭਟਕਣਾ ਦੂਰ ਹੋ ਜਾਂਦੀ ਹੈ, ਉਸ ਦਾ ਹਰੇਕ ਕਿਸਮ ਦਾ ਡਰ ਮੁੱਕ ਜਾਂਦਾ ਹੈ।
45475	1061	ਸਦਾ ਅਨੰਦੁ ਸਚੇ ਗੁਣ ਗਾਵਹਿ ਸਚੁ ਬਾਣੀ ਬੋਲਾਇਦਾ॥੮॥		Sadhaa Anandh Sachae Gun Gaavehi Sach Baanee Bolaaeidhaa ||8||	One is in bliss forever, singing the Glorious Praises of the True Lord, and speaking the True Word of His Bani. ||8||	ਜਿਹੜੇ ਮਨੁੱਖ (ਗੁਰੂ ਦੀ ਕਿਰਪਾ ਨਾਲ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਉਹਨਾਂ ਨੂੰ ਸਦਾ ਆਤਮਕ ਆਨੰਦ ਮਿਲਿਆ ਰਹਿੰਦਾ ਹੈ। (ਪਰ ਜੀਵ ਦੇ ਵੱਸ ਦੀ ਗੱਲ ਨਹੀਂ) ਇਹ ਸਿਫ਼ਤ-ਸਾਲਾਹ ਦੀ ਬਾਣੀ ਭੀ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ (ਆਪ ਹੀ) ਉਚਾਰਨ ਲਈ ਪ੍ਰੇਰਦਾ ਹੈ ॥੮॥
45476	1061	ਜਿਨਿ ਤੂ ਜਾਤਾ ਕਰਮ ਬਿਧਾਤਾ॥		Jin Thoo Jaathaa Karam Bidhhaathaa ||	One who knows You as the Architect of Karma,	ਹੇ ਪ੍ਰਭੂ! ਤੂੰ ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਪੈਦਾ ਕਰਨ ਵਾਲਾ ਹੈਂ। ਜਿਸ (ਮਨੁੱਖ) ਨੇ ਤੇਰੇ ਨਾਲ ਸਾਂਝ ਪਾ ਲਈ,
45477	1061	ਪੂਰੈ ਭਾਗਿ ਗੁਰ ਸਬਦਿ ਪਛਾਤਾ॥		Poorai Bhaag Gur Sabadh Pashhaathaa ||	Has the good fortune of perfect destiny, and recognizes the Word of the Guru's Shabad.	ਵੱਡੀ ਕਿਸਮਤ ਨਾਲ ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਨੇ ਤੈਨੂੰ (ਹਰ ਥਾਂ ਵੱਸਦਾ) ਪਛਾਣ ਲਿਆ।

45478	1061	ਜਤਿ ਪਤਿ ਸਚੁ ਸਚਾ ਸਚੁ ਸੋਈ ਹਉਮੈ ਮਾਰਿ ਮਿਲਾਇਦਾ॥੯॥		Jath Path Sach Sachaa Sach Soee Houmai Maar Milaaeidhaa ||9||	The Lord, the Truest of the True, is his social class and honor. Conquering his ego, he is united with the Lord. ||9||	ਜਿਸ ਮਨੁੱਖ ਦੀ ਹਉਮੈ ਮਾਰ ਕੇ ਸਦਾ-ਥਿਰ ਪ੍ਰਭੂ ਉਸ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ, ਉਸ ਦੀ ਜਾਤਿ ਉਹ ਆਪ ਬਣ ਜਾਂਦਾ ਹੈ, ਉਸ ਦੀ ਕੁਲ ਉਹ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਆਪ ਬਣ ਜਾਂਦਾ ਹੈ ॥੯॥
45479	1061	ਮਨੁ ਕਠੋਰੁ ਦੂਜੈ ਭਾਇ ਲਾਗਾ॥		Man Kathor Dhoojai Bhaae Laagaa ||	The stubborn and insensitive mind is attached to the love of duality.	ਜਿਹੜਾ ਮਨੁੱਖ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ, ਉਸ ਦਾ ਮਨ ਕਠੋਰ ਟਿਕਿਆ ਰਹਿੰਦਾ ਹੈ,
45480	1061	ਭਰਮੇ ਭੂਲਾ ਫਿਰੈ ਅਭਾਗਾ॥		Bharamae Bhoolaa Firai Abhaagaa ||	Deluded by doubt, the unfortunate wander around in confusion.	ਉਹ ਮੰਦ-ਭਾਗੀ ਮਨੁੱਖ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ।
45481	1061	ਕਰਮੁ ਹੋਵੈ ਤਾ ਸਤਿਗੁਰੁ ਸੇਵੇ ਸਹਜੇ ਹੀ ਸੁਖੁ ਪਾਇਦਾ॥੧੦॥		Karam Hovai Thaa Sathigur Saevae Sehajae Hee Sukh Paaeidhaa ||10||	But if they are blessed by God's Grace, they serve the True Guru, and easily obtain peace. ||10||	ਜਦੋਂ ਉਸ ਉਤੇ ਪਰਮਾਤਮਾ ਦੀ ਮਿਹਰ ਹੁੰਦੀ ਹੈ, ਤਦੋਂ ਉਹ ਗੁਰੂ ਦੀ ਸਰਨ ਪੈਂਦਾ ਹੈ, ਤੇ, ਆਤਮਕ ਅਡੋਲਤਾ ਵਿਚ ਟਿਕਿਆ ਰਹਿ ਕੇ ਆਤਮਕ ਆਨੰਦ ਮਾਣਦਾ ਹੈ ॥੧੦॥
45482	1061	ਲਖ ਚਉਰਾਸੀਹ ਆਪਿ ਉਪਾਏ॥		Lakh Chouraaseeh Aap Oupaaeae ||	He Himself created the 8.4 million species of beings.	ਚੌਰਾਸੀ ਲੱਖ ਜੂਨਾਂ ਦੇ ਜੀਵ (ਪਰਮਾਤਮਾ ਨੇ) ਆਪ ਪੈਦਾ ਕੀਤੇ ਹਨ,
45483	1061	ਮਾਨਸ ਜਨਮਿ ਗੁਰ ਭਗਤਿ ਦ੍ਰਿੜਾਏ॥		Maanas Janam Gur Bhagath Dhrirraaeae ||	Only in this human life, is devotional worship to the Guru implanted within.	(ਉਸ ਦੀ ਮਿਹਰ ਨਾਲ ਹੀ) ਮਨੁੱਖਾ ਜਨਮ ਵਿਚ ਗੁਰੂ ਜੀਵ ਦੇ ਅੰਦਰ ਪਰਮਾਤਮਾ ਦੀ ਭਗਤੀ ਪੱਕੀ ਕਰਦਾ ਹੈ।

45484	1061	ਬਿਨੁ ਭਗਤੀ ਵਿਸਟਾ ਵਿਚਿ ਵਾਸਾ ਬਿਸਟਾ ਵਿਚਿ ਫਿਰਿ ਪਾਇਦਾ॥੧੧॥		Bin Bhagathee Bisattaa Vich Vaasaa Bisattaa Vich Fir Paaeidhaa ||11||	Without devotion, one lives in manure; he falls into manure again and again. ||11||	ਭਗਤੀ ਤੋਂ ਬਿਨਾ ਜੀਵ ਦਾ ਨਿਵਾਸ ਵਿਕਾਰਾਂ ਦੇ ਗੰਦ ਵਿਚ ਰਹਿੰਦਾ ਹੈ, ਤੇ, ਮੁੜ ਮੁੜ ਵਿਕਾਰਾਂ ਦੇ ਗੰਦ ਵਿਚ ਹੀ ਪਾਇਆ ਜਾਂਦਾ ਹੈ ॥੧੧॥
45485	1061	ਕਰਮੁ ਹੋਵੈ ਗੁਰੁ ਭਗਤਿ ਦ੍ਰਿੜਾਏ॥		Karam Hovai Gur Bhagath Dhrirraaeae ||	If one is blessed with His Grace, devotional worship to the Guru is implanted within.	ਜਦੋਂ ਪਰਮਾਤਮਾ ਦੀ ਮਿਹਰ ਹੁੰਦੀ ਹੈ, ਗੁਰੂ (ਮਨੁੱਖ ਦੇ ਹਿਰਦੇ ਵਿਚ) ਪਰਮਾਤਮਾ ਦੀ ਭਗਤੀ ਪੱਕੀ ਕਰਦਾ ਹੈ।
45486	1061	ਵਿਣੁ ਕਰਮਾ ਕਿਉ ਪਾਇਆ ਜਾਏ॥		Vin Karamaa Kio Paaeiaa Jaaeae ||	Without God's Grace, how can anyone find Him?	ਪ੍ਰਭੂ ਦੀ ਬਖ਼ਸ਼ਸ਼ ਤੋਂ ਬਿਨਾ ਪ੍ਰਭੂ ਨਾਲ ਮਿਲਾਪ ਨਹੀਂ ਹੋ ਸਕਦਾ।
45487	1061	ਆਪੇ ਕਰੇ ਕਰਾਏ ਕਰਤਾ ਜਿਉ ਭਾਵੈ ਤਿਵੈ ਚਲਾਇਦਾ॥੧੨॥		Aapae Karae Karaaeae Karathaa Jio Bhaavai Thivai Chalaaeidhaa ||12||	The Creator Himself acts, and inspires all to act; as He wills, he leads us on. ||12||	(ਪਰ ਜੀਵਾਂ ਦੇ ਕੀਹ ਵੱਸ?) ਪਰਮਾਤਮਾ ਆਪ ਹੀ (ਸਭ ਕੁਝ) ਕਰਦਾ ਹੈ, ਆਪ ਹੀ (ਜੀਵਾਂ ਪਾਸੋਂ) ਕਰਾਂਦਾ ਹੈ। ਜਿਵੇਂ ਉਸ ਦੀ ਰਜ਼ਾ ਹੁੰਦੀ ਹੈ, ਤਿਵੇਂ ਜੀਵਾਂ ਨੂੰ ਤੋਰਦਾ ਹੈ ॥੧੨॥
45488	1061	ਸਿਮ੍ਰਿਤਿ ਸਾਸਤ ਅੰਤੁ ਨ ਜਾਣੈ॥	ਸਿਮ-ਰ੍ਿਤਿ	Simrith Saasath Anth N Jaanai ||	The Simritees and the Shaastras do not know His limits.	ਸਿੰਮ੍ਰਿਤੀਆਂ ਸ਼ਾਸਤ੍ਰਾਂ (ਦੇ ਦੱਸੇ ਕਰਮ-ਕਾਂਡ) ਦੀ ਰਾਹੀਂ ਮਨੁੱਖ (ਪ੍ਰਭੂ ਦੇ ਮਿਲਾਪ ਦਾ) ਭੇਤ ਨਹੀਂ ਜਾਣ ਸਕਦਾ।

45489	1061	ਮੂਰਖੁ ਅੰਧਾ ਤਤੁ ਨ ਪਛਾਣੈ॥		Moorakh Andhhaa Thath N Pashhaanai ||	The blind fool does not recognize the essence of reality.	(ਕਰਮ-ਕਾਂਡ ਵਿਚ ਹੀ ਫਸਿਆ) ਅੰਨ੍ਹਾ ਮੂਰਖ ਮਨੁੱਖ ਅਸਲੀਅਤ ਨਹੀਂ ਸਮਝ ਸਕਦਾ।
45490	1061	ਆਪੇ ਕਰੇ ਕਰਾਏ ਕਰਤਾ ਆਪੇ ਭਰਮਿ ਭੁਲਾਇਦਾ॥੧੩॥		Aapae Karae Karaaeae Karathaa Aapae Bharam Bhulaaeidhaa ||13||	The Creator Himself acts, and inspires all to act; He Himself deludes with doubt. ||13||	(ਪਰ ਇਸ ਦੇ ਭੀ ਕੀਹ ਵੱਸ?) ਕਰਤਾਰ ਆਪ ਹੀ ਸਭ ਕੁਝ ਕਰਦਾ ਕਰਾਂਦਾ ਹੈ, ਆਪ ਹੀ ਭਟਕਣਾ ਵਿਚ ਪਾ ਕੇ ਕੁਰਾਹੇ ਪਾਈ ਰੱਖਦਾ ਹੈ ॥੧੩॥
45491	1061	ਸਭੁ ਕਿਛੁ ਆਪੇ ਆਪਿ ਕਰਾਏ॥		Sabh Kishh Aapae Aap Karaaeae ||	He Himself causes everything to be done.	ਪਰਮਾਤਮਾ ਆਪ ਹੀ ਆਪ (ਜੀਵਾਂ ਪਾਸੋਂ) ਸਭ ਕੁਝ ਕਰਾਂਦਾ ਹੈ,
45492	1061	ਆਪੇ ਸਿਰਿ ਸਿਰਿ ਧੰਧੈ ਲਾਏ॥		Aapae Sir Sir Dhhandhhai Laaeae ||	He Himself joins each and every person to his tasks.	ਹਰੇਕ ਜੀਵ ਦੇ ਸਿਰ ਉਤੇ ਲਿਖੇ ਲੇਖ ਅਨੁਸਾਰ ਪ੍ਰਭੂ ਆਪ ਹੀ ਹਰੇਕ ਨੂੰ ਮਾਇਆ ਵਾਲੀ ਦੌੜ-ਭੱਜ ਵਿਚ ਲਾਈ ਰੱਖਦਾ ਹੈ।
45493	1061	ਆਪੇ ਥਾਪਿ ਉਥਾਪੇ ਵੇਖੈ ਗੁਰਮੁਖਿ ਆਪਿ ਬੁਝਾਇਦਾ॥੧੪॥		Aapae Thhaap Outhhaapae Vaekhai Guramukh Aap Bujhaaeidhaa ||14||	He Himself establishes and disestablishes, and watches over all; He reveals Himself to the Gurmukh. ||14||	ਪ੍ਰਭੂ ਆਪ ਹੀ (ਜੀਵਾਂ ਨੂੰ) ਪੈਦਾ ਕਰ ਕੇ ਆਪ ਹੀ ਨਾਸ ਕਰਦਾ ਹੈ, ਆਪ ਹੀ (ਸਭ ਦੀ) ਸੰਭਾਲ ਕਰਦਾ ਹੈ, ਗੁਰੂ ਦੀ ਸਰਨ ਪਾ ਕੇ ਆਪ ਹੀ (ਸਹੀ ਜੀਵਨ-ਰਾਹ ਦੀ) ਸੋਝੀ ਦੇਂਦਾ ਹੈ ॥੧੪॥
45494	1061	ਸਚਾ ਸਾਹਿਬੁ ਗਹਿਰ ਗੰਭੀਰਾ॥		Sachaa Saahib Gehir Ganbheeraa ||	The True Lord and Master is profoundly deep and unfathomable.	ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਅਥਾਹ ਹੈ, ਵੱਡੇ ਜਿਗਰੇ ਵਾਲਾ ਹੈ।

45495	1061	ਸਦਾ ਸਲਾਹੀ ਤਾ ਮਨੁ ਧੀਰਾ॥		Sadhaa Salaahee Thaa Man Dhheeraa ||	Praising Him forever, the mind is comforted and consoled.	ਜਦੋਂ ਮੈਂ ਸਦਾ ਉਸ ਦੀ ਸਿਫ਼ਤ-ਸਾਲਾਹ ਕਰਦਾ ਹਾਂ, ਤਾਂ ਮੇਰਾ ਮਨ ਧੀਰਜ ਵਾਲਾ ਰਹਿੰਦਾ ਹੈ।
45496	1061	ਅਗਮ ਅਗੋਚਰੁ ਕੀਮਤਿ ਨਹੀ ਪਾਈ ਗੁਰਮੁਖਿ ਮੰਨਿ ਵਸਾਇਦਾ॥੧੫॥		Agam Agochar Keemath Nehee Paaee Guramukh Mann Vasaaeidhaa ||15||	He is inaccessible and unfathomable; His value cannot be estimated. He dwells in the mind of the Gurmukh. ||15||	ਉਸ ਅਪਹੁੰਚ ਤੇ ਅਗੋਚਰ ਪਰਮਾਤਮਾ ਦਾ ਮੁੱਲ ਨਹੀਂ ਪਾਇਆ ਜਾ ਸਕਦਾ (ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਉਹ ਮਿਲ ਨਹੀਂ ਸਕਦਾ)। ਗੁਰੂ ਦੀ ਸਰਨ ਪਾ ਕੇ (ਆਪਣਾ ਨਾਮ ਮਨੁੱਖ ਦੇ) ਮਨ ਵਿਚ ਵਸਾਂਦਾ ਹੈ ॥੧੫॥
45497	1061	ਆਪਿ ਨਿਰਾਲਮੁ ਹੋਰ ਧੰਧੈ ਲੋਈ॥		Aap Niraalam Hor Dhhandhhai Loee ||	He Himself is detached; all others are entangled in their affairs.	ਪਰਮਾਤਮਾ ਆਪ ਨਿਰਲੇਪ ਹੈ, ਹੋਰ ਸਾਰੀ ਲੁਕਾਈ ਮਾਇਆ ਦੀ ਦੌੜ-ਭੱਜ ਵਿਚ ਖਚਿਤ ਰਹਿੰਦੀ ਹੈ।
45498	1061	ਗੁਰ ਪਰਸਾਦੀ ਬੂਝੈ ਕੋਈ॥		Gur Parasaadhee Boojhai Koee ||	By Guru's Grace, one comes to understand Him.	ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਦੀ ਰਾਹੀਂ (ਉਸ ਨਾਲ) ਸਾਂਝ ਪਾਂਦਾ ਹੈ।
45499	1061	ਨਾਨਕ ਨਾਮੁ ਵਸੈ ਘਟਿ ਅੰਤਰਿ ਗੁਰਮਤੀ ਮੇਲਿ ਮਿਲਾਇਦਾ॥੧੬॥੩॥੧੭॥		Naanak Naam Vasai Ghatt Anthar Guramathee Mael Milaaeidhaa ||16||3||17||	O Nanak, the Naam, the Name of the Lord, comes to dwell deep within the heart; through the Guru's Teachings, one is united in His Union. ||16||3||17||	ਹੇ ਨਾਨਕ! (ਜਿਸ ਉਤੇ ਗੁਰੂ ਦੀ ਕਿਰਪਾ ਹੁੰਦੀ ਹੈ) ਉਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ। ਗੁਰੂ ਦੀ ਮੱਤ ਵਿਚ ਜੋੜ ਕੇ (ਪ੍ਰਭੂ ਮਨੁੱਖ ਨੂੰ ਆਪਣੇ ਚਰਨਾਂ ਵਿਚ) ਮਿਲਾਂਦਾ ਹੈ ॥੧੬॥੩॥੧੭॥
45500	1061	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	

45501	1061	ਜੁਗ ਛਤੀਹ ਕੀਓ ਗੁਬਾਰਾ॥		Jug Shhatheeh Keeou Gubaaraa ||	For thirty-six ages, utter darkness prevailed.	ਹੇ ਪ੍ਰਭੂ! (ਜਗਤ-ਰਚਨਾ ਤੋਂ ਪਹਿਲਾਂ) ਬੇਅੰਤ ਸਮਾ ਤੂੰ ਅਜਿਹੀ ਹਾਲਤ ਬਣਾਈ ਰੱਖੀ ਜੋ ਜੀਵਾਂ ਦੀ ਸਮਝ ਤੋਂ ਪਰੇ ਹੈ।
45502	1061	ਤੂ ਆਪੇ ਜਾਣਹਿ ਸਿਰਜਣਹਾਰਾ॥		Thoo Aapae Jaanehi Sirajanehaaraa ||	Only You Yourself know this, O Creator Lord.	ਹੇ ਸਿਰਜਣਹਾਰ! ਤੂੰ ਆਪ ਹੀ ਜਾਣਦਾ ਹੈਂ (ਕਿ ਉਹ ਹਾਲਤ ਕੀਹ ਸੀ)।
45503	1061	ਹੋਰ ਕਿਆ ਕੋ ਕਹੈ ਕਿ ਆਖਿ ਵਖਾਣੈ ਤੂ ਆਪੇ ਕੀਮਤਿ ਪਾਇਦਾ॥੧॥		Hor Kiaa Ko Kehai K Aakh Vakhaanai Thoo Aapae Keemath Paaeidhaa ||1||	What can anyone else say? What can anyone explain? Only You Yourself can estimate Your worth. ||1||	(ਉਸ ਗੁਬਾਰ ਦੀ ਬਾਬਤ) ਕੋਈ ਜੀਵ ਕੁਝ ਭੀ ਨਹੀਂ ਕਹਿ ਸਕਦਾ, ਕੋਈ ਜੀਵ ਆਖ ਕੇ ਕੁਝ ਭੀ ਨਹੀਂ ਬਿਆਨ ਕਰ ਸਕਦਾ। ਤੂੰ ਆਪ ਹੀ ਉਸ ਦੀ ਅਸਲੀਅਤ ਜਾਣਦਾ ਹੈਂ ॥੧॥
45504	1061	ਓਅੰਕਾਰਿ ਸਭ ਸ੍ਰਿਸਟਿ ਉਪਾਈ॥		Ouankaar Sabh Srisatt Oupaaee ||	The One Universal Creator created the entire Universe.	ਪਰਮਾਤਮਾ ਨੇ ਆਪ ਸਾਰੀ ਸ੍ਰਿਸ਼ਟੀ ਪੈਦਾ ਕੀਤੀ।
45505	1061	ਸਭੁ ਖੇਲੁ ਤਮਾਸਾ ਤੇਰੀ ਵਡਿਆਈ॥		Sabh Khael Thamaasaa Thaeree Vaddiaaee ||	All the plays and dramas are to Your glory and greatness.	ਹੇ ਪ੍ਰਭੂ! (ਤੇਰਾ ਰਚਿਆ ਇਹ ਜਗਤ) ਸਾਰਾ ਤੇਰਾ ਖੇਲ-ਤਮਾਸ਼ਾ ਹੈ, ਤੇਰੀ ਹੀ ਵਡਿਆਈ ਹੈ।
45506	1061	ਆਪੇ ਵੇਕ ਕਰੇ ਸਭਿ ਸਾਚਾ ਆਪੇ ਭੰਨਿ ਘੜਾਇਦਾ॥੨॥		Aapae Vaek Karae Sabh Saachaa Aapae Bhann Gharraaeidhaa ||2||	The True Lord Himself makes all distinctions; He Himself breaks and builds. ||2||	ਪਰਮਾਤਮਾ ਆਪ ਹੀ ਸਾਰੇ ਜੀਵਾਂ ਨੂੰ ਵਖ ਵਖ ਕਿਸਮ ਦੇ ਬਣਾਂਦਾ ਹੈ, ਆਪ ਹੀ ਨਾਸ ਕਰ ਕੇ ਆਪ ਹੀ ਪੈਦਾ ਕਰਦਾ ਹੈ ॥੨॥

45507	1061	ਬਾਜੀਗਰਿ ਇਕ ਬਾਜੀ ਪਾਈ॥		Baajeegar Eik Baajee Paaee ||	The Juggler has staged His juggling show.	(ਪ੍ਰਭੂ-) ਬਾਜੀਗਰ ਨੇ (ਇਹ ਜਗਤ) ਇਕ ਤਮਾਸ਼ਾ ਰਚਿਆ ਹੋਇਆ ਹੈ।
45508	1061	ਪੂਰੇ ਗੁਰ ਤੇ ਨਦਰੀ ਆਈ॥		Poorae Gur Thae Nadharee Aaee ||	Through the Perfect Guru, one comes to behold it.	ਜਿਸ ਮਨੁੱਖ ਨੂੰ ਪੂਰੇ ਗੁਰੂ ਪਾਸੋਂ ਇਹ ਸਮਝ ਆ ਗਈ,
45509	1061	ਸਦਾ ਅਲਿਪਤੁ ਰਹੈ ਗੁਰ ਸਬਦੀ ਸਾਚੇ ਸਿਉ ਚਿਤੁ ਲਾਇਦਾ॥੩॥	ਅ-ਲਿਪਤੁ	Sadhaa Alipath Rehai Gur Sabadhee Saachae Sio Chith Laaeidhaa ||3||	One who remains forever detached in the Word of the Guru's Shabad - his consciousness is attuned to the True Lord. ||3||	ਉਹ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ (ਇਸ ਜਗਤ-ਤਮਾਸ਼ੇ ਵਿਚ) ਨਿਰਲੇਪ ਰਹਿੰਦਾ ਹੈ, ਉਹ ਮਨੁੱਖ ਸਦਾ-ਥਿਰ ਪਰਮਾਤਮਾ ਨਾਲ ਆਪਣਾ ਮਨ ਜੋੜੀ ਰੱਖਦਾ ਹੈ ॥੩॥
45510	1061	ਬਾਜਹਿ ਬਾਜੇ ਧੁਨਿ ਆਕਾਰਾ॥		Baajehi Baajae Dhhun Aakaaraa ||	The musical instruments of the body vibrate and resound.	ਇਹ ਸਾਰੇ ਦਿੱਸ ਰਹੇ ਸਰੀਰ (ਮਿੱਠੀ ਸੁਰ) ਨਾਲ (ਮਾਨੋ) ਵਾਜੇ ਵੱਜ ਰਹੇ ਹਨ।
45511	1061	ਆਪਿ ਵਜਾਏ ਵਜਾਵਣਹਾਰਾ॥		Aap Vajaaeae Vajaavanehaaraa ||	The Player Himself plays them.	ਵਜਾਣ ਦੀ ਸਮਰਥਾ ਵਾਲਾ ਪ੍ਰਭੂ ਆਪ ਹੀ ਇਹ (ਸਰੀਰ-) ਵਾਜੇ ਵਜਾ ਰਿਹਾ ਹੈ।
45512	1061	ਘਟਿ ਘਟਿ ਪਉਣੁ ਵਹੈ ਇਕ ਰੰਗੀ ਮਿਲਿ ਪਵਣੈ ਸਭ ਵਜਾਇਦਾ॥੪॥	ਵੱਜਾਇਦਾ	Ghatt Ghatt Poun Vehai Eik Rangee Mil Pavanai Sabh Vajaaeidhaa ||4||	The breath flows equally through the hearts of each and every being. Receiving the breath, all the instruments sing. ||4||	ਹਰੇਕ ਸਰੀਰ ਵਿਚ ਉਸ ਸਦਾ ਇਕ-ਰੰਗ ਰਹਿਣ ਵਾਲੇ ਪਰਮਾਤਮਾ ਦਾ ਬਣਾਇਆ ਹੋਇਆ ਸੁਆਸ ਚੱਲ ਰਿਹਾ ਹੈ, (ਉਸ ਆਪਣੇ ਪੈਦਾ ਕੀਤੇ) ਪਉਣ ਵਿਚ ਮਿਲ ਕੇ ਪਰਮਾਤਮਾ ਇਹ ਸਾਰੇ ਵਾਜੇ ਵਜਾ ਰਿਹਾ ਹੈ ॥੪॥

45513	1062	ਕਰਤਾ ਕਰੇ ਸੁ ਨਿਹਚਉ ਹੋਵੈ॥		Karathaa Karae S Nihacho Hovai ||	Whatever the Creator does, surely comes to pass.	(ਉਸ ਮਨੁੱਖ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਜੋ ਕੁਝ ਪਰਮਾਤਮਾ ਕਰਦਾ ਹੈ ਉਹ ਜ਼ਰੂਰ ਹੁੰਦਾ ਹੈ,
45514	1062	ਗੁਰ ਕੈ ਸਬਦੇ ਹਉਮੈ ਖੋਵੈ॥		Gur Kai Sabadhae Houmai Khovai ||	Through the Word of the Guru's Shabad, egotism is consumed.	ਉਹ ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਆਪਣੇ ਅੰਦਰੋਂ) ਹਉਮੈ ਦੂਰ ਕਰ ਲੈਂਦਾ ਹੈ,
45515	1062	ਗੁਰ ਪਰਸਾਦੀ ਕਿਸੈ ਦੇ ਵਡਿਆਈ ਨਾਮੋ ਨਾਮੁ ਧਿਆਇਦਾ॥੫॥		Gur Parasaadhee Kisai Dhae Vaddiaaee Naamo Naam Dhhiaaeidhaa ||5||	By Guru's Grace, some are blessed with glorious greatness; they meditate on the Naam, the Name of the Lord. ||5||	(ਜਿਸ) ਕਿਸੇ (ਵਿਰਲੇ ਮਨੁੱਖ) ਨੂੰ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਵਡਿਆਈ ਦੇਂਦਾ ਹੈ। ਉਹ ਮਨੁੱਖ ਹਰ ਵੇਲੇ ਹਰਿ-ਨਾਮ ਹੀ ਸਿਮਰਦਾ ਹੈ ॥੫॥
45516	1062	ਗੁਰ ਸੇਵੇ ਜੇਵਡੁ ਹੋਰੁ ਲਾਹਾ ਨਾਹੀ॥		Gur Saevae Jaevadd Hor Laahaa Naahee ||	There is no other profit as great as service to the Guru.	ਗੁਰੂ ਦੀ ਸਰਨ ਪੈਣ ਦੇ ਬਰਾਬਰ (ਜਗਤ ਵਿਚ) ਹੋਰ ਕੋਈ ਲਾਭ ਨਹੀਂ ਹੈ।
45517	1062	ਨਾਮੁ ਮੰਨਿ ਵਸੈ ਨਾਮੋ ਸਾਲਾਹੀ॥		Naam Mann Vasai Naamo Saalaahee ||	The Naam abides within my mind, and I praise the Naam.	(ਜਿਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹਨਾਂ ਦੇ) ਮਨ ਵਿਚ (ਪਰਮਾਤਮਾ ਦਾ) ਨਾਮ ਆ ਵੱਸਦਾ ਹੈ, ਉਹ ਹਰ ਵੇਲੇ ਹਰਿ-ਨਾਮ ਦੀ ਸਿਫ਼ਤ ਕਰਦੇ ਹਨ।

45518	1062	ਨਾਮੋ ਨਾਮੁ ਸਦਾ ਸੁਖਦਾਤਾ ਨਾਮੋ ਲਾਹਾ ਪਾਇਦਾ॥੬॥		Naamo Naam Sadhaa Sukhadhaathaa Naamo Laahaa Paaeidhaa ||6||	The Naam is forever the Giver of peace. Through the Naam, we earn the profit. ||6||	ਪਰਮਾਤਮਾ ਦਾ ਨਾਮ ਹੀ ਸਦਾ ਸੁਖ ਦੇਣ ਵਾਲਾ ਹੈ। ਹਰਿ-ਨਾਮ ਹੀ (ਅਸਲ) ਲਾਭ ਮਨੁੱਖ ਖੱਟਦਾ ਹੈ ॥੬॥
45519	1062	ਬਿਨੁ ਨਾਵੈ ਸਭ ਦੁਖੁ ਸੰਸਾਰਾ॥		Bin Naavai Sabh Dhukh Sansaaraa ||	Without the Name, all the world suffers in misery.	ਹਰਿ-ਨਾਮ ਤੋਂ ਖੁੰਝਿਆਂ ਜਗਤ ਵਿਚ ਹਰ ਪਾਸੇ ਦੁੱਖ ਹੀ ਦੁੱਖ ਹੈ।
45520	1062	ਬਹੁ ਕਰਮ ਕਮਾਵਹਿ ਵਧਹਿ ਵਿਕਾਰਾ॥		Bahu Karam Kamaavehi Vadhhehi Vikaaraa ||	The more actions one does, the more the corruption increases.	(ਜਿਹੜੇ ਮਨੁੱਖ ਨਾਮ ਨੂੰ ਭੁਲਾ ਕੇ ਧਾਰਮਿਕ ਮਿਥੇ ਹੋਏ ਹੋਰ) ਅਨੇਕਾਂ ਕਰਮ ਕਰਦੇ ਹਨ (ਉਹਨਾਂ ਦੇ ਅੰਦਰ ਸਗੋਂ) ਵਿਕਾਰ ਵਧਦੇ ਹਨ।
45521	1062	ਨਾਮੁ ਨ ਸੇਵਹਿ ਕਿਉ ਸੁਖੁ ਪਾਈਐ ਬਿਨੁ ਨਾਵੈ ਦੁਖੁ ਪਾਇਦਾ॥੭॥		Naam N Saevehi Kio Sukh Paaeeai Bin Naavai Dhukh Paaeidhaa ||7||	Without serving the Naam, how can anyone find peace? Without the Naam, one suffers in pain. ||7||	ਜੇ ਮਨੁੱਖ ਨਾਮ ਨਹੀਂ ਸਿਮਰਦੇ ਤਾਂ ਆਤਮਕ ਆਨੰਦ ਕਿਵੇਂ ਮਿਲ ਸਕਦਾ ਹੈ? ਨਾਮ ਤੋਂ ਖੁੰਝ ਕੇ ਮਨੁੱਖ ਦੁੱਖ ਹੀ ਸਹੇੜਦਾ ਹੈ ॥੭॥
45522	1062	ਆਪਿ ਕਰੇ ਤੈ ਆਪਿ ਕਰਾਏ॥		Aap Karae Thai Aap Karaaeae ||	He Himself acts, and inspires all to act.	ਪਰਮਾਤਮਾ ਆਪ ਹੀ ਸਭ ਕੁਝ ਕਰ ਰਿਹਾ ਹੈ ਅਤੇ (ਜੀਵਾਂ ਪਾਸੋਂ) ਕਰਾ ਰਿਹਾ ਹੈ।
45523	1062	ਗੁਰ ਪਰਸਾਦੀ ਕਿਸੈ ਬੁਝਾਏ॥		Gur Parasaadhee Kisai Bujhaaeae ||	By Guru's Grace, He reveals Himself to a few.	ਗੁਰੂ ਦੀ ਕਿਰਪਾ ਨਾਲ ਕਿਸੇ (ਵਿਰਲੇ) ਨੂੰ ਪਰਮਾਤਮਾ ਇਹ ਸਮਝ ਦੇਂਦਾ ਹੈ।

45524	1062	ਗੁਰਮੁਖਿ ਹੋਵਹਿ ਸੇ ਬੰਧਨ ਤੋੜਹਿ ਮੁਕਤੀ ਕੈ ਘਰਿ ਪਾਇਦਾ॥੮॥		Guramukh Hovehi Sae Bandhhan Thorrehi Mukathee Kai Ghar Paaeidhaa ||8||	One who becomes Gurmukh breaks his bonds, and attains the home of liberation. ||8||	ਜਿਹੜੇ ਮਨੁੱਖ ਗੁਰੂ ਦੇ ਸਨਮੁਖ ਰਹਿੰਦੇ ਹਨ, ਉਹ (ਆਪਣੇ ਅੰਦਰੋਂ ਮਾਇਆ ਦੇ ਮੋਹ ਦੇ) ਬੰਧਨ ਤੋੜ ਲੈਂਦੇ ਹਨ। ਗੁਰੂ ਉਹਨਾਂ ਨੂੰ ਉਸ ਆਤਮਕ ਟਿਕਾਣੇ ਵਿਚ ਰੱਖਦਾ ਹੈ ਜਿੱਥੇ ਉਹਨਾਂ ਨੂੰ ਵਿਕਾਰਾਂ ਵੱਲੋਂ ਖ਼ਲਾਸੀ ਮਿਲੀ ਰਹਿੰਦੀ ਹੈ ॥੮॥
45525	1062	ਗਣਤ ਗਣੈ ਸੋ ਜਲੈ ਸੰਸਾਰਾ॥		Ganath Ganai So Jalai Sansaaraa ||	One who calculates his accounts, burns in the world.	ਜਿਹੜਾ ਮਨੁੱਖ ਹਰ ਵੇਲੇ ਮਾਇਆ ਦੀਆਂ ਗਿਣਤੀਆਂ ਗਿਣਦਾ ਰਹਿੰਦਾ ਹੈ, ਉਹ ਜਗਤ ਵਿਚ ਸਦਾ (ਤ੍ਰਿਸ਼ਨਾ ਦੀ ਅੱਗ ਵਿਚ) ਸੜਦਾ ਰਹਿੰਦਾ ਹੈ,
45526	1062	ਸਹਸਾ ਮੂਲਿ ਨ ਚੁਕੈ ਵਿਕਾਰਾ॥		Sehasaa Mool N Chukai Vikaaraa ||	His skepticism and corruption are never dispelled.	ਉਸ ਦਾ ਇਹ ਵਿਅਰਥ ਸਹਮ ਕਦੇ ਭੀ ਨਹੀਂ ਮੁੱਕਦਾ।
45527	1062	ਗੁਰਮੁਖਿ ਹੋਵੈ ਸੁ ਗਣਤ ਚੁਕਾਏ ਸਚੇ ਸਚਿ ਸਮਾਇਦਾ॥੯॥		Guramukh Hovai S Ganath Chukaaeae Sachae Sach Samaaeidhaa ||9||	One who becomes Gurmukh abandons his calculations; through Truth, we merge in the True Lord. ||9||	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਦੁਨੀਆ ਵਾਲੇ ਚਿੰਤਾ-ਫ਼ਿਕਰ ਮੁਕਾਈ ਰੱਖਦਾ ਹੈ, ਉਹ ਹਰ ਵੇਲੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਯਾਦ ਵਿਚ ਲੀਨ ਰਹਿੰਦਾ ਹੈ ॥੯॥

45528	1062	ਜੇ ਸਚੁ ਦੇਇ ਤ ਪਾਏ ਕੋਈ॥		Jae Sach Dhaee Th Paaeae Koee ||	If God grants Truth, then we may attain it.	ਪਰ, ਜੇ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ (ਆਪ ਹੀ ਇਹ ਬੇ-ਫ਼ਿਕਰੀ) ਬਖ਼ਸ਼ੇ, ਤਦੋਂ ਹੀ ਕੋਈ ਮਨੁੱਖ ਇਸ ਨੂੰ ਪ੍ਰਾਪਤ ਕਰਦਾ ਹੈ।
45529	1062	ਗੁਰ ਪਰਸਾਦੀ ਪਰਗਟੁ ਹੋਈ॥		Gur Parasaadhee Paragatt Hoee ||	By Guru's Grace, it is revealed.	ਗੁਰੂ ਦੀ ਕਿਰਪਾ ਨਾਲ (ਪ੍ਰਭੂ ਉਸ ਦੇ ਅੰਦਰ) ਪਰਗਟ ਹੋ ਜਾਂਦਾ ਹੈ।
45530	1062	ਸਚੁ ਨਾਮੁ ਸਾਲਾਹੇ ਰੰਗਿ ਰਾਤਾ ਗੁਰ ਕਿਰਪਾ ਤੇ ਸੁਖੁ ਪਾਇਦਾ॥੧੦॥		Sach Naam Saalaahae Rang Raathaa Gur Kirapaa Thae Sukh Paaeidhaa ||10||	One who praises the True Name, and remains imbued with the Lord's Love, by Guru's Grace, finds peace. ||10||	ਉਹ ਮਨੁੱਖ ਗੁਰੂ ਦੀ ਕਿਰਪਾ ਨਾਲ ਪ੍ਰੇਮ-ਰੰਗ ਵਿਚ ਮਸਤ ਰਹਿ ਕੇ ਸਦਾ-ਥਿਰ ਹਰਿ-ਨਾਮ ਸਿਮਰਦਾ ਹੈ, ਤੇ, ਆਤਮਕ ਆਨੰਦ ਮਾਣਦਾ ਰਹਿੰਦਾ ਹੈ ॥੧੦॥
45531	1062	ਜਪੁ ਤਪੁ ਸੰਜਮੁ ਨਾਮੁ ਪਿਆਰਾ॥		Jap Thap Sanjam Naam Piaaraa ||	The Beloved Naam, the Name of the Lord, is chanting, meditation, penance and self-control.	ਪਰਮਾਤਮਾ ਦਾ ਮਿੱਠਾ ਨਾਮ (ਜਪਣਾ ਹੀ) ਜਪ ਹੈ ਤਪ ਹੈ ਸੰਜਮ ਹੈ।
45532	1062	ਕਿਲਵਿਖ ਕਾਟੇ ਕਾਟਣਹਾਰਾ॥		Kilavikh Kaattae Kaattanehaaraa ||	God, the Destroyer, destroys sins.	(ਜਿਹੜਾ ਮਨੁੱਖ ਨਾਮ ਜਪਦਾ ਹੈ ਉਸ ਦੇ ਸਾਰੇ) ਪਾਪ (ਪਾਪ) ਕੱਟਣ ਦੀ ਸਮਰੱਥਾ ਰੱਖਣ ਵਾਲਾ ਪਰਮਾਤਮਾ ਕੱਟ ਦੇਂਦਾ ਹੈ।

45533	1062	ਹਰਿ ਕੈ ਨਾਮਿ ਤਨੁ ਮਨੁ ਸੀਤਲੁ ਹੋਆ ਸਹਜੇ ਸਹਜਿ ਸਮਾਇਦਾ॥੧੧॥		Har Kai Naam Than Man Seethal Hoaa Sehajae Sehaj Samaaeidhaa ||11||	Through the Name of the Lord, the body and mind are cooled and soothed, and one is intuitively, easily absorbed into the Celestial Lord. ||11||	ਪਰਮਾਤਮਾ ਦੇ ਨਾਮ ਵਿਚ ਜੁੜਨ ਦੀ ਬਰਕਤਿ ਨਾਲ ਉਸ ਦਾ ਤਨ ਉਸ ਦਾ ਮਨ ਸ਼ਾਂਤ ਰਹਿੰਦਾ ਹੈ, ਉਹ ਸਦਾ ਹੀ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ॥੧੧॥
45534	1062	ਅੰਤਰਿ ਲੋਭੁ ਮਨਿ ਮੈਲੈ ਮਲੁ ਲਾਏ॥		Anthar Lobh Man Mailai Mal Laaeae ||	With greed within them, their minds are filthy, and they spread filth around.	ਜਿਸ ਮਨੁੱਖ ਦੇ ਅੰਦਰ (ਮਾਇਆ ਦਾ) ਲਾਲਚ ਟਿਕਿਆ ਰਹਿੰਦਾ ਹੈ (ਉਸ ਦਾ ਮਨ ਹਰ ਵੇਲੇ ਮੈਲਾ ਰਹਿੰਦਾ ਹੈ),
45535	1062	ਮੈਲੇ ਕਰਮ ਕਰੇ ਦੁਖੁ ਪਾਏ॥		Mailae Karam Karae Dhukh Paaeae ||	They do filthy deeds, and suffer in pain.	ਮੈਲੇ ਮਨ ਦੇ ਕਾਰਨ ਉਹ ਮਨੁੱਖ ਲਾਲਚ ਦੀ ਹੋਰ ਮੈਲ (ਆਪਣੇ ਮਨ ਨੂੰ) ਲਾਂਦਾ ਰਹਿੰਦਾ ਹੈ।
45536	1062	ਕੂੜੋ ਕੂੜੁ ਕਰੇ ਵਾਪਾਰਾ ਕੂੜੁ ਬੋਲਿ ਦੁਖੁ ਪਾਇਦਾ॥੧੨॥		Koorro Koorr Karae Vaapaaraa Koorr Bol Dhukh Paaeidhaa ||12||	They deal in falsehood, and nothing but falsehood; telling lies, they suffer in pain. ||12||	(ਜਿਉਂ ਜਿਉਂ ਲਾਲਚ ਦੇ ਅਧੀਨ ਉਹ) ਮੈਲੇ ਕਰਮ ਕਰਦਾ ਹੈ, ਉਹ (ਆਤਮਕ) ਦੁੱਖ ਪਾਂਦਾ ਹੈ। ਉਹ ਸਦਾ ਨਾਸਵੰਤ ਪਦਾਰਥਾਂ ਦੇ ਕਮਾਣ ਦਾ ਧੰਧਾ ਹੀ ਕਰਦਾ ਹੈ, ਤੇ ਝੂਠ ਬੋਲ ਬੋਲ ਕੇ ਦੁੱਖ ਸਹਿੰਦਾ ਹੈ ॥੧੨॥

45537	1062	ਨਿਰਮਲ ਬਾਣੀ ਕੋ ਮੰਨਿ ਵਸਾਏ॥		Niramal Baanee Ko Mann Vasaaeae ||	Rare is that person who enshrines the Immaculate Bani of the Guru's Word within his mind.	ਜਿਹੜਾ ਕੋਈ ਮਨੁੱਖ (ਜੀਵਨ ਨੂੰ) ਪਵਿੱਤਰ ਕਰਨ ਵਾਲੀ (ਗੁਰ-) ਬਾਣੀ (ਆਪਣੇ) ਮਨ ਵਿਚ ਵਸਾਂਦਾ ਹੈ,
45538	1062	ਗੁਰ ਪਰਸਾਦੀ ਸਹਸਾ ਜਾਏ॥		Gur Parasaadhee Sehasaa Jaaeae ||	By Guru's Grace, his skepticism is removed.	ਗੁਰੂ ਦੀ ਕਿਰਪਾ ਨਾਲ (ਉਸ ਦਾ) ਸਹਮ ਦੂਰ ਹੋ ਜਾਂਦਾ ਹੈ।
45539	1062	ਗੁਰ ਕੈ ਭਾਣੈ ਚਲੈ ਦਿਨੁ ਰਾਤੀ ਨਾਮੁ ਚੇਤਿ ਸੁਖੁ ਪਾਇਦਾ॥੧੩॥	ਚੱਲੈ	Gur Kai Bhaanai Chalai Dhin Raathee Naam Chaeth Sukh Paaeidhaa ||13||	He walks in harmony with the Guru's Will, day and night; remembering the Naam, the Name of the Lord, he finds peace. ||13||	ਉਹ ਮਨੁੱਖ ਦਿਨ ਰਾਤ ਗੁਰੂ ਦੇ ਹੁਕਮ ਵਿਚ ਤੁਰਦਾ ਹੈ, ਹਰਿ-ਨਾਮ ਨੂੰ ਸਿਮਰ ਕੇ ਉਹ ਆਤਮਕ ਆਨੰਦ ਮਾਣਦਾ ਹੈ ॥੧੩॥
45540	1062	ਆਪਿ ਸਿਰੰਦਾ ਸਚਾ ਸੋਈ॥		Aap Sirandhaa Sachaa Soee ||	The True Lord Himself is the Creator.	ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪ ਹੀ (ਜੀਵਾਂ ਨੂੰ) ਪੈਦਾ ਕਰਨ ਵਾਲਾ ਹੈ,
45541	1062	ਆਪਿ ਉਪਾਇ ਖਪਾਏ ਸੋਈ॥		Aap Oupaae Khapaaeae Soee ||	He Himself creates and destroys.	ਆਪ ਪੈਦਾ ਕਰ ਕੇ ਉਹ ਆਪ ਹੀ ਨਾਸ ਕਰਦਾ ਹੈ।
45542	1062	ਗੁਰਮੁਖਿ ਹੋਵੈ ਸੁ ਸਦਾ ਸਲਾਹੇ ਮਿਲਿ ਸਾਚੇ ਸੁਖੁ ਪਾਇਦਾ॥੧੪॥		Guramukh Hovai S Sadhaa Salaahae Mil Saachae Sukh Paaeidhaa ||14||	One who becomes Gurmukh, praises the Lord forever. Meeting the True Lord, he finds peace. ||14||	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ, ਸਦਾ-ਥਿਰ ਪ੍ਰਭੂ ਦੇ ਚਰਨਾਂ ਵਿਚ ਮਿਲ ਕੇ ਉਹ ਆਤਮਕ ਆਨੰਦ ਮਾਣਦਾ ਹੈ ॥੧੪॥

45543	1062	ਅਨੇਕ ਜਤਨ ਕਰੇ ਇੰਦ੍ਰੀ ਵਸਿ ਨ ਹੋਈ॥	ਵੱਸਿ	Anaek Jathan Karae Eindhree Vas N Hoee ||	Making countless efforts, sexual desire is not overcome.	(ਗੁਰੂ ਦੀ ਸਰਨ ਤੋਂ ਬਿਨਾ) ਹੋਰ ਅਨੇਕਾਂ ਜਤਨ ਭੀ ਮਨੁੱਖ ਕਰੇ ਤਾਂ ਭੀ ਕਾਮ-ਵਾਸਨਾ ਕਾਬੂ ਵਿਚ ਨਹੀਂ ਆ ਸਕਦੀ।
45544	1062	ਕਾਮਿ ਕਰੋਧਿ ਜਲੈ ਸਭੁ ਕੋਈ॥		Kaam Karodhh Jalai Sabh Koee ||	Everyone is burning in the fires of sexuality and anger.	(ਧਿਆਨ ਮਾਰ ਕੇ ਵੇਖੋ) ਹਰੇਕ ਜੀਵ ਕਾਮ ਵਿਚ ਕ੍ਰੋਧ ਵਿਚ ਸੜ ਰਿਹਾ ਹੈ।
45545	1062	ਸਤਿਗੁਰ ਸੇਵੇ ਮਨੁ ਵਸਿ ਆਵੈ ਮਨ ਮਾਰੇ ਮਨਹਿ ਸਮਾਇਦਾ॥੧੫॥		Sathigur Saevae Man Vas Aavai Man Maarae Manehi Samaaeidhaa ||15||	Serving the True Guru, one brings his mind under control; conquering his mind, he merges in the Mind of God. ||15||	ਗੁਰੂ ਦੀ ਸਰਨ ਪਿਆਂ ਹੀ ਮਨ ਕਾਬੂ ਵਿਚ ਆਉਂਦਾ ਹੈ। ਜੇ ਮਨ (ਵਿਕਾਰਾਂ ਵਲੋਂ) ਰੋਕ ਲਿਆ ਜਾਏ ਤਾਂ ਮਨੁੱਖ ਅੰਤਰ ਆਤਮੇ ਟਿਕਿਆ ਰਹਿੰਦਾ ਹੈ (ਵਿਕਾਰਾਂ ਵਲ ਨਹੀਂ ਭਟਕਦਾ) ॥੧੫॥
45546	1062	ਮੇਰਾ ਤੇਰਾ ਤੁਧੁ ਆਪੇ ਕੀਆ॥		Maeraa Thaeraa Thudhh Aapae Keeaa ||	You Yourself created the sense of 'mine' and 'yours.'	ਹੇ ਪ੍ਰਭੂ! (ਜੀਵਾਂ ਦੇ ਮਨ ਵਿਚ) ਮੇਰ-ਤੇਰ ਤੂੰ ਆਪ ਹੀ ਪੈਦਾ ਕੀਤੀ ਹੈ।
45547	1062	ਸਭਿ ਤੇਰੇ ਜੰਤ ਤੇਰੇ ਸਭਿ ਜੀਆ॥		Sabh Thaerae Janth Thaerae Sabh Jeeaa ||	All creatures are Yours; You created all beings.	ਸਾਰੇ ਜੀਵ ਜੰਤ ਤੇਰੇ ਹੀ ਪੈਦਾ ਕੀਤੇ ਹੋਏ ਹਨ।
45548	1062	ਨਾਨਕ ਨਾਮੁ ਸਮਾਲਿ ਸਦਾ ਤੂ ਗੁਰਮਤੀ ਮੰਨਿ ਵਸਾਇਦਾ॥੧੬॥੪॥ ੧੮॥		Naanak Naam Samaal Sadhaa Thoo Guramathee Mann Vasaaeidhaa ||16||4||18||	O Nanak, contemplate the Naam forever; through the Guru's Teachings, the Lord abides in the mind. ||16||4||18||	ਹੇ ਨਾਨਕ! ਪਰਮਾਤਮਾ ਦਾ ਨਾਮ ਸਦਾ ਯਾਦ ਕਰਦਾ ਰਹੁ। ਗੁਰੂ ਦੀ ਮੱਤ ਉਤੇ ਤੁਰਿਆਂ (ਪ੍ਰਭੂ ਆਪਣਾ ਨਾਮ ਮਨੁੱਖ ਦੇ) ਮਨ ਵਿਚ ਵਸਾਂਦਾ ਹੈ ॥੧੬॥੪॥੧੮॥

45549	1062	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
45550	1062	ਹਰਿ ਜੀਉ ਦਾਤਾ ਅਗਮ ਅਥਾਹਾ॥		Har Jeeo Dhaathaa Agam Athhaahaa ||	The Dear Lord is the Giver, inaccessible and unfathomable.	ਪਰਮਾਤਮਾ ਸਭ ਪਦਾਰਥ ਦੇਣ ਵਾਲਾ ਹੈ, ਅਪਹੁੰਚ ਹੈ, ਬਹੁਤ ਹੀ ਡੂੰਘਾ (ਮਾਨੋ ਬੇਅੰਤ ਖ਼ਜ਼ਾਨਿਆਂ ਵਾਲਾ ਸਮੁੰਦਰ) ਹੈ।
45551	1062	ਓਸੁ ਤਿਲੁ ਨ ਤਮਾਇ ਵੇਪਰਵਾਹਾ॥		Ous Thil N Thamaae Vaeparavaahaa ||	He does not have even an iota of greed; He is self-sufficient.	(ਉਹ ਸਭ ਨੂੰ ਦਾਤਾਂ ਦੇਈ ਜਾਂਦਾ ਹੈ, ਪਰ) ਉਸ ਵੇਪਰਵਾਹ ਨੂੰ ਰਤਾ ਭਰ ਭੀ ਕੋਈ ਲਾਲਚ ਨਹੀਂ ਹੈ।
45552	1062	ਤਿਸ ਨੋ ਅਪੜਿ ਨ ਸਕੈ ਕੋਈ ਆਪੇ ਮੇਲਿ ਮਿਲਾਇਦਾ॥੧॥		This No Aparr N Sakai Koee Aapae Mael Milaaeidhaa ||1||	No one can reach up to Him; He Himself unites in His Union. ||1||	ਕੋਈ ਜੀਵ (ਆਪਣੇ ਉੱਦਮ ਨਾਲ) ਉਸ ਪਰਮਾਤਮਾ ਤਕ ਪਹੁੰਚ ਨਹੀਂ ਸਕਦਾ। ਉਹ ਆਪ ਹੀ (ਜੀਵ ਨੂੰ ਗੁਰੂ ਨਾਲ) ਮਿਲਾ ਕੇ ਆਪਣੇ ਨਾਲ ਮਿਲਾਂਦਾ ਹੈ ॥੧॥
45553	1062	ਜੋ ਕਿਛੁ ਕਰੈ ਸੁ ਨਿਹਚਉ ਹੋਈ॥		Jo Kishh Karai S Nihacho Hoee ||	Whatever He does, surely comes to pass.	(ਉਹ ਪਰਮਾਤਮਾ) ਜੋ ਕੁਝ ਕਰਦਾ ਹੈ, ਉਹ ਜ਼ਰੂਰ ਹੁੰਦਾ ਹੈ।
45554	1062	ਤਿਸੁ ਬਿਨੁ ਦਾਤਾ ਅਵਰੁ ਨ ਕੋਈ॥		This Bin Dhaathaa Avar N Koee ||	There is no other Giver, except for Him.	ਉਸ ਤੋਂ ਬਿਨਾ ਕੋਈ ਹੋਰ ਕੁਝ ਦੇਣ-ਜੋਗਾ ਨਹੀਂ ਹੈ।
45555	1062	ਜਿਸ ਨੋ ਨਾਮ ਦਾਨੁ ਕਰੇ ਸੋ ਪਾਏ ਗੁਰ ਸਬਦੀ ਮੇਲਾਇਦਾ॥੨॥		Jis No Naam Dhaan Karae So Paaeae Gur Sabadhee Maelaaeidhaa ||2||	Whoever the Lord blesses with His gift, obtains it. Through the Word of the Guru's Shabad, He unites him with Himself. ||2||	ਜਿਸ ਮਨੁੱਖ ਨੂੰ ਪਰਮਾਤਮਾ ਨਾਮਿ ਦੀ ਦਾਤ ਦੇਂਦਾ ਹੈ, ਉਹ ਹਰਿ-ਨਾਮ ਪ੍ਰਾਪਤ ਕਰ ਲੈਂਦਾ ਹੈ। (ਉਸ ਨੂੰ) ਗੁਰੂ ਦੇ ਸ਼ਬਦ ਵਿਚ ਜੋੜ ਕੇ (ਆਪਣੇ ਨਾਲ) ਮਿਲਾ ਲੈਂਦਾ ਹੈ ॥੨॥

45556	1062	ਚਉਦਹ ਭਵਣ ਤੇਰੇ ਹਟਨਾਲੇ॥		Choudheh Bhavan Thaerae Hattanaalae ||	The fourteen worlds are Your markets.	ਹੇ ਪ੍ਰਭੂ! ਇਹ ਚੌਦਾਂ ਲੋਕ ਤੇਰੇ ਬਾਜ਼ਾਰ ਹਨ (ਜਿੱਥੇ ਤੇਰੇ ਪੈਦਾ ਕੀਤੇ ਬੇਅੰਤ ਜੀਵ ਤੇਰੀ ਦੱਸੀ ਕਾਰ ਕਰ ਰਹੇ ਹਨ। ਇਹ ਸਾਰਾ ਜਗਤ ਤੇਰਾ ਹੀ ਸਰੂਪ ਹੈ)।
45557	1062	ਸਤਿਗੁਰਿ ਦਿਖਾਏ ਅੰਤਰਿ ਨਾਲੇ॥		Sathigur Dhikhaaeae Anthar Naalae ||	The True Guru reveals them, along with one's inner being.	ਜਿਸ ਮਨੁੱਖ ਨੂੰ ਗੁਰੂ ਨੇ ਤੇਰਾ ਇਹ ਸਰਬ-ਵਿਆਪਕ ਸਰੂਪ ਉਸ ਦੇ ਅੰਦਰ ਵੱਸਦਾ ਹੀ ਵਿਖਾ ਦਿੱਤਾ ਹੈ,
45558	1062	ਨਾਵੈ ਕਾ ਵਾਪਾਰੀ ਹੋਵੈ ਗੁਰ ਸਬਦੀ ਕੋ ਪਾਇਦਾ॥੩॥		Naavai Kaa Vaapaaree Hovai Gur Sabadhee Ko Paaeidhaa ||3||	One who deals in the Name, through the Word of the Guru's Shabad, obtains it. ||3||	ਉਹ ਮਨੁੱਖ ਤੇਰੇ ਨਾਮ ਦਾ ਵਣਜਾਰਾ ਬਣ ਜਾਂਦਾ ਹੈ। (ਇਹ ਦਾਤਿ) ਜਿਹੜਾ ਕੋਈ ਪ੍ਰਾਪਤ ਕਰਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਹੀ (ਪ੍ਰਾਪਤ ਕਰਦਾ ਹੈ) ॥੩॥
45559	1063	ਸਤਿਗੁਰਿ ਸੇਵਿਐ ਸਹਜ ਅਨੰਦਾ॥		Sathigur Saeviai Sehaj Anandhaa ||	Serving the True Guru, one obtains intuitive bliss.	ਜੇ ਗੁਰੂ ਦੀ ਸਰਨ ਪੈ ਜਾਈਏ ਤਾਂ ਆਤਮਕ ਅਡੋਲਤਾ ਦਾ ਆਨੰਦ ਮਿਲ ਜਾਂਦਾ ਹੈ।
45560	1063	ਹਿਰਦੈ ਆਇ ਵੁਠਾ ਗੋਵਿੰਦਾ॥		Hiradhai Aae Vuthaa Govindhaa ||	The Lord of the Universe comes to dwell within the heart.	(ਗੁਰੂ ਦੇ ਸਨਮੁਖ ਹੋਣ ਵਾਲੇ ਮਨੁੱਖ ਦੇ) ਹਿਰਦੇ ਵਿਚ ਗੋਬਿੰਦ-ਪ੍ਰਭੂ ਆ ਵੱਸਦਾ ਹੈ।

45561	1063	ਸਹਜੇ ਭਗਤਿ ਕਰੇ ਦਿਨੁ ਰਾਤੀ ਆਪੇ ਭਗਤਿ ਕਰਾਇਦਾ॥੪॥		Sehajae Bhagath Karae Dhin Raathee Aapae Bhagath Karaaeidhaa ||4||	He intuitively practices devotional worship day and night; God Himself practices devotional worship. ||4||	ਉਹ ਮਨੁੱਖ ਦਿਨ ਗਤ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੀ ਭਗਤੀ ਕਰਦਾ ਹੈ। ਪਰਮਾਤਮਾ ਆਪ ਹੀ (ਆਪਣੀ) ਭਗਤੀ ਕਰਾਂਦਾ ਹੈ ॥੪॥
45562	1063	ਸਤਿਗੁਰ ਤੇ ਵਿਛੁੜੇ ਤਿਨੀ ਦੁਖੁ ਪਾਇਆ॥		Sathigur Thae Vishhurrae Thinee Dhukh Paaeiaa ||	Those who are separated from the True Guru, suffer in misery.	ਜਿਹੜੇ ਮਨੁੱਖ ਗੁਰੂ (ਦੇ ਚਰਨਾਂ) ਤੋਂ ਵਿਛੁੜੇ ਹੋਏ ਹਨ, ਉਹਨਾਂ ਨੇ (ਆਪਣੇ ਵਾਸਤੇ) ਦੁੱਖ ਹੀ ਦੁੱਖ ਸਹੇੜਿਆ ਹੋਇਆ ਹੈ।
45563	1063	ਅਨਦਿਨੁ ਮਾਰੀਅਹਿ ਦੁਖੁ ਸਬਾਇਆ॥		Anadhin Maareeahi Dhukh Sabaaeiaa ||	Night and day, they are punished, and they suffer in total agony.	ਉਹ ਹਰ ਵੇਲੇ ਦੁੱਖਾਂ ਦੀਆਂ ਚੋਟਾਂ ਖਾਂਦੇ ਹਨ, ਉਹਨਾਂ ਨੂੰ ਹਰੇਕ ਕਿਸਮ ਦਾ ਦੁੱਖ ਵਾਪਰਿਆ ਰਹਿੰਦਾ ਹੈ।
45564	1063	ਮਥੇ ਕਾਲੇ ਮਹਲੁ ਨ ਪਾਵਹਿ ਦੁਖ ਹੀ ਵਿਚਿ ਦੁਖੁ ਪਾਇਦਾ॥੫॥		Mathhae Kaalae Mehal N Paavehi Dhukh Hee Vich Dhukh Paaeidhaa ||5||	Their faces are blackened, and they do not obtain the Mansion of the Lord's Presence. They suffer in sorrow and agony. ||5||	(ਵਿਕਾਰਾਂ ਦੀ ਕਾਲਖ਼ ਨਾਲ ਉਹਨਾਂ ਦੇ) ਮੂੰਹ ਕਾਲੇ ਹੋਏ ਰਹਿੰਦੇ ਹਨ (ਉਹਨਾਂ ਦੇ ਮਨ ਮਲੀਨ ਰਹਿੰਦੇ ਹਨ) ਉਹਨਾਂ ਨੂੰ ਪ੍ਰਭੂ-ਚਰਨਾਂ ਵਿਚ ਟਿਕਾਣਾ ਨਹੀਂ ਮਿਲਦਾ। (ਗੁਰੂ-ਚਰਨਾਂ ਤੋਂ ਵਿਛੁੜਿਆ ਹੋਇਆ ਮਨੁੱਖ) ਸਦਾ ਦੁੱਖ ਵਿਚ ਹੀ ਗ੍ਰਸਿਆ ਰਹਿੰਦਾ ਹੈ, ਸਦਾ ਦੁੱਖ ਸਹਾਰਦਾ ਹੈ ॥੫॥
45565	1063	ਸਤਿਗੁਰੁ ਸੇਵਹਿ ਸੇ ਵਡਭਾਗੀ॥		Sathigur Saevehi Sae Vaddabhaagee ||	Those who serve the True Guru are very fortunate.	ਜਿਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ ਬੜੇ ਭਾਗਾਂ ਵਾਲੇ ਹੋ ਜਾਂਦੇ ਹਨ।

45566	1063	ਸਹਜ ਭਾਇ ਸਚੀ ਲਿਵ ਲਾਗੀ॥		Sehaj Bhaae Sachee Liv Laagee ||	They intuitively enshrine love for the True Lord.	ਕਿਸੇ ਖ਼ਾਸ ਜਤਨ ਤੋਂ ਬਿਨਾ ਹੀ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਉਹਨਾਂ ਦੀ ਲਗਨ ਲੱਗੀ ਰਹਿੰਦੀ ਹੈ।
45567	1063	ਸਚੋ ਸਚੁ ਕਮਾਵਹਿ ਸਦ ਹੀ ਸਚੈ ਮੇਲਿ ਮਿਲਾਇਦਾ॥੬॥		Sacho Sach Kamaavehi Sadh Hee Sachai Mael Milaaeidhaa ||6||	They practice Truth, forever Truth; they are united in Union with the True Lord. ||6||	ਉਹ ਮਨੁੱਖ ਸਦਾ ਹੀ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦੇ ਹਨ। (ਗੁਰੂ ਉਹਨਾਂ ਨੂੰ ਆਪਣੇ ਨਾਲ) ਮਿਲਾ ਕੇ ਸਦਾ-ਥਿਰ ਹਰਿ-ਨਾਮ ਵਿਚ ਮਿਲਾ ਦੇਂਦਾ ਹੈ ॥੬॥
45568	1063	ਜਿਸ ਨੋ ਸਚਾ ਦੇਇ ਸੁ ਪਾਏ॥		Jis No Sachaa Dhaee S Paaeae ||	He alone obtains the Truth, unto whom the True Lord gives it.	ਪਰ, ਉਹ ਮਨੁੱਖ (ਹੀ ਸਦਾ-ਥਿਰ ਹਰਿ-ਨਾਮ ਦੀ ਦਾਤਿ) ਪ੍ਰਾਪਤ ਕਰਦਾ ਹੈ ਜਿਸ ਨੂੰ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਦੇਂਦਾ ਹੈ।
45569	1063	ਅੰਤਰਿ ਸਾਚੁ ਭਰਮੁ ਚੁਕਾਏ॥		Anthar Saach Bharam Chukaaeae ||	His inner being is filled with Truth, and his doubt is dispelled.	ਉਸ ਮਨੁੱਖ ਦੇ ਹਿਰਦੇ ਵਿਚ ਸਦਾ-ਥਿਰ ਹਰਿ-ਨਾਮ ਟਿਕਿਆ ਰਹਿੰਦਾ ਹੈ, (ਨਾਮ ਦੀ ਬਰਕਤਿ ਨਾਲ ਉਹ ਮਨੁੱਖ ਆਪਣੇ ਅੰਦਰੋਂ) ਭਟਕਣਾ ਦੂਰ ਕਰ ਲੈਂਦਾ ਹੈ।
45570	1063	ਸਚੁ ਸਚੈ ਕਾ ਆਪੇ ਦਾਤਾ ਜਿਸੁ ਦੇਵੈ ਸੋ ਸਚੁ ਪਾਇਦਾ॥੭॥		Sach Sachai Kaa Aapae Dhaathaa Jis Dhaevai So Sach Paaeidhaa ||7||	The True Lord Himself is the Giver of Truth; he alone obtains the Truth, unto whom He gives it. ||7||	ਸਦਾ-ਥਿਰ ਪ੍ਰਭੂ ਆਪਣੇ ਸਦਾ-ਥਿਰ ਨਾਮ ਦੀ ਦਾਤ ਦੇਣ ਵਾਲਾ ਆਪ ਹੀ ਹੈ। ਜਿਸ ਨੂੰ ਦੇਂਦਾ ਹੈ, ਉਹ ਮਨੁੱਖ ਸਦਾ-ਥਿਰ ਨਾਮ ਹਾਸਲ ਕਰ ਲੈਂਦਾ ਹੈ ॥੭॥

45571	1063	ਆਪੇ ਕਰਤਾ ਸਭਨਾ ਕਾ ਸੋਈ॥		Aapae Karathaa Sabhanaa Kaa Soee ||	He Himself is the Creator of all.	ਉਹ ਕਰਤਾਰ ਆਪ ਹੀ ਸਭ ਜੀਵਾਂ ਦਾ (ਮਾਲਕ) ਹੈ।
45572	1063	ਜਿਸ ਨੋ ਆਪਿ ਬੁਝਾਏ ਬੂਝੈ ਕੋਈ॥		Jis No Aap Bujhaaeae Boojhai Koee ||	Only one whom He instructs, understands Him.	ਇਹ ਗੱਲ ਕੋਈ ਉਹ ਮਨੁੱਖ ਹੀ ਸਮਝਦਾ ਹੈ ਜਿਸ ਨੂੰ ਪਰਮਾਤਮਾ ਆਪ ਸਮਝਾਂਦਾ ਹੈ।
45573	1063	ਆਪੇ ਬਖਸੇ ਦੇ ਵਡਿਆਈ ਆਪੇ ਮੇਲਿ ਮਿਲਾਇਦਾ॥੮॥		Aapae Bakhasae Dhae Vaddiaaee Aapae Mael Milaaeidhaa ||8||	He Himself forgives, and grants glorious greatness. He himself unites in His Union. ||8||	ਕਰਤਾਰ ਆਪ ਹੀ ਬਖ਼ਸ਼ਸ਼ ਕਰਦਾ ਹੈ, ਆਪ ਹੀ ਵਡਿਆਈ ਦੇਂਦਾ ਹੈ, ਆਪ ਹੀ (ਗੁਰੂ ਨਾਲ) ਮਿਲਾ ਕੇ (ਆਪਣੇ ਚਰਨਾਂ ਵਿਚ) ਮਿਲਾਂਦਾ ਹੈ ॥੮॥
45574	1063	ਹਉਮੈ ਕਰਦਿਆ ਜਨਮੁ ਗਵਾਇਆ॥		Houmai Karadhiaa Janam Gavaaeiaa ||	Acting egotistically, one loses his life.	ਜਿਹੜਾ ਮਨੁੱਖ 'ਮੈਂ ਵੱਡਾ ਹਾਂ, ਮੈਂ ਵੱਡਾ ਬਣ ਜਾਵਾਂ'-ਇਹਨਾਂ ਹੀ ਸੋਚਾਂ ਵਿਚ ਆਪਣੀ ਜ਼ਿੰਦਗੀ ਵਿਅਰਥ ਗੁਜ਼ਾਰ ਦੇਂਦਾ ਹੈ,
45575	1063	ਆਗੈ ਮੋਹੁ ਨ ਚੂਕੈ ਮਾਇਆ॥		Aagai Mohu N Chookai Maaeiaa ||	Even in the world hereafter, emotioal attachment to Maya does not leave him.	ਉਸ ਦੇ ਜੀਵਨ-ਸਫ਼ਰ ਵਿਚ (ਉਸ ਦੇ ਅੰਦਰੋਂ) ਮਾਇਆ ਦਾ ਮੋਹ (ਕਦੇ) ਨਹੀਂ ਮੁੱਕਦਾ।

45576	1063	ਅਗੈ ਜਮਕਾਲੁ ਲੇਖਾ ਲੇਵੈ ਜਿਉ ਤਿਲ ਘਾਣੀ ਪੀੜਾਇਦਾ॥੯॥		Agai Jamakaal Laekhaa Laevai Jio Thil Ghaanee Peerraaeidhaa ||9||	In the world hereafter, the Messenger of Death calls him to account, and crushes him like sesame seeds in the oil-press. ||9||	(ਜਦੋਂ) ਪਰਲੋਕ ਵਿਚ ਧਰਮ ਰਾਜ (ਉਸ ਪਾਸੋਂ ਮਨੁੱਖਾ ਜੀਵਨ ਵਿਚ ਕੀਤੇ ਕੰਮਾਂ ਦਾ) ਹਿਸਾਬ ਮੰਗਦਾ ਹੈ (ਤਦੋਂ ਉਹ ਇਉਂ) ਪੀੜਿਆ ਜਾਂਦਾ ਹੈ ਜਿਵੇਂ (ਕੋਲ੍ਹੂ ਵਿਚ ਪਾਈ) ਘਾਣੀ ਦੇ ਤਿਲੋਂ ਪੀੜੇ ਜਾਂਦੇ ਹਨ ॥੯॥
45577	1063	ਪੂਰੈ ਭਾਗਿ ਗੁਰ ਸੇਵਾ ਹੋਈ॥		Poorai Bhaag Gur Saevaa Hoee ||	By perfect destiny, one serves the Guru.	ਗੁਰੂ ਦੀ ਦੱਸੀ (ਨਾਮ-ਸਿਮਰਨ ਦੀ) ਕਾਰ ਵੱਡੀ ਕਿਸਮਤ ਨਾਲ (ਹੀ ਕਿਸੇ ਪਾਸੋਂ) ਹੋ ਸਕਦੀ ਹੈ।
45578	1063	ਨਦਰਿ ਕਰੇ ਤਾ ਸੇਵੇ ਕੋਈ॥		Nadhar Karae Thaa Saevae Koee ||	If God grants His Grace, then one serves.	ਜਦੋਂ ਪਰਮਾਤਮਾ ਦੀ ਨਿਗਾਹ ਕਰਦਾ ਹੈ ਤਦੋਂ ਹੀ ਕੋਈ ਮਨੁੱਖ ਕਰ ਸਕਦਾ ਹੈ।
45579	1063	ਜਮਕਾਲੁ ਤਿਸੁ ਨੇੜਿ ਨ ਆਵੈ ਮਹਲਿ ਸਚੈ ਸੁਖੁ ਪਾਇਦਾ॥੧੦॥		Jamakaal This Naerr N Aavai Mehal Sachai Sukh Paaeidhaa ||10||	The Messenger of Death cannot even approach him, and in the Mansion of the True Lord's Presence, he finds peace. ||10||	ਆਤਮਕ ਮੌਤ ਉਸ ਮਨੁੱਖ ਦੇ ਨੇੜੇ ਨਹੀਂ ਆਉਂਦੀ। ਉਹ ਮਨੁੱਖ ਸਦਾ-ਥਿਰ ਪਰਮਾਤਮਾ ਦੇ ਚਰਨਾਂ ਵਿਚ ਜੁੜ ਕੇ ਆਤਮਕ ਆਨੰਦ ਮਾਣਦਾ ਹੈ ॥੧੦॥
45580	1063	ਤਿਨ ਸੁਖੁ ਪਾਇਆ ਜੋ ਤੁਧੁ ਭਾਏ॥		Thin Sukh Paaeiaa Jo Thudhh Bhaaeae ||	They alone find peace, who are pleasing to Your Will.	ਹੇ ਪ੍ਰਭੂ! ਜਿਹੜੇ ਮਨੁੱਖ ਤੈਨੂੰ ਚੰਗੇ ਲੱਗੇ ਉਹਨਾਂ ਨੇ ਹੀ ਆਤਮਕ ਆਨੰਦ ਮਾਣਿਆ।
45581	1063	ਪੂਰੈ ਭਾਗਿ ਗੁਰ ਸੇਵਾ ਲਾਏ॥		Poorai Bhaag Gur Saevaa Laaeae ||	By perfect destiny, they are attached to the Guru's service.	ਉਹਨਾਂ ਦੀ ਵੱਡੀ ਕਿਸਮਤ ਕਿ ਤੂੰ ਉਹਨਾਂ ਨੂੰ ਗੁਰੂ ਦੀ ਦੱਸੀ ਕਾਰੇ ਲਾਈ ਰਖਿਆ।

45582	1063	ਤੇਰੈ ਹਥਿ ਹੈ ਸਭ ਵਡਿਆਈ ਜਿਸੁ ਦੇਵਹਿ ਸੋ ਪਾਇਦਾ॥੧੧॥		Thaerai Hathh Hai Sabh Vaddiaaee Jis Dhaevehi So Paaeidhaa ||11||	All glorious greatness rests in Your Hands; he alone obtains it, unto whom You give it. ||11||	ਸਾਰੀ (ਲੋਕ ਪਰਲੋਕ ਦੀ) ਇੱਜ਼ਤ ਤੇਰੇ ਹੱਥ ਵਿਚ ਹੈ, ਜਿਸ ਨੂੰ ਤੂੰ (ਇਹ ਇੱਜ਼ਤ) ਦੇਂਦਾ ਹੈਂ ਉਹ ਪ੍ਰਾਪਤ ਕਰਦਾ ਹੈ ॥੧੧॥
45583	1063	ਅੰਦਰਿ ਪਰਗਾਸੁ ਗੁਰੂ ਤੇ ਪਾਏ॥		Andhar Paragaas Guroo Thae Paaeae ||	Through the Guru, one's inner being is enlightened and illumined.	(ਹੇ ਪ੍ਰਭੂ! ਜਿਸ ਉੱਤੇ ਤੂੰ ਮਿਹਰ ਦੀ ਨਿਗਾਹ ਕਰਦਾ ਹੈਂ, ਉਹ ਮਨੁੱਖ ਆਪਣੇ) ਹਿਰਦੇ ਵਿਚ ਗੁਰੂ ਪਾਸੋਂ ਆਤਮਕ ਜੀਵਨ ਦੀ ਸੂਝ ਪ੍ਰਾਪਤ ਕਰਦਾ ਹੈ,
45584	1063	ਨਾਮੁ ਪਦਾਰਥੁ ਮੰਨਿ ਵਸਾਏ॥		Naam Padhaarathh Mann Vasaaeae ||	The wealth of the Naam, the Name of the Lord, comes to dwell in the mind.	ਉਹ (ਤੇਰਾ) ਸ੍ਰੇਸ਼ਟ ਨਾਮ ਆਪਣੇ ਮਨ ਵਿਚ ਵਸਾਂਦਾ ਹੈ।
45585	1063	ਗਿਆਨ ਰਤਨੁ ਸਦਾ ਘਟਿ ਚਾਨਣੁ ਅਗਿਆਨ ਅੰਧੇਰੁ ਗਵਾਇਦਾ॥੧੨॥		Giaan Rathan Sadhaa Ghatt Chaanan Agiaan Andhhaer Gavaaeidhaa ||12||	The jewel of spiritual wisdom ever illumines the heart, and the darkness of spiritual ignorance is dispelled. ||12||	ਉਸ ਦੇ ਹਿਰਦੇ ਵਿਚ ਆਤਮਕ ਜੀਵਨ ਦੀ ਸੂਝ ਦਾ ਸ੍ਰੇਸ਼ਟ ਚਾਨਣ ਹੋ ਜਾਂਦਾ ਹੈ (ਜਿਸ ਦੀ ਬਰਕਤਿ ਨਾਲ ਉਹ ਆਪਣੇ ਅੰਦਰੋਂ) ਜੀਵਨ ਵਲੋਂ ਬੇ-ਸਮਝੀ ਦਾ ਹਨੇਰਾ ਦੂਰ ਕਰ ਲੈਂਦਾ ਹੈ ॥੧੨॥
45586	1063	ਅਗਿਆਨੀ ਅੰਧੇ ਦੂਜੈ ਲਾਗੇ॥		Agiaanee Andhhae Dhoojai Laagae ||	The blind and ignorant are attached to duality.	ਮਾਇਆ ਦੇ ਮੋਹ ਵਿਚ ਅੰਨ੍ਹੇ ਹੋ ਚੁਕੇ ਤੇ ਆਤਮਕ ਜੀਵਨ ਤੋਂ ਬੇ-ਸਮਝ ਮਨੁੱਖ (ਪਰਮਾਤਮਾ ਨੂੰ ਛੱਡ ਕੇ) ਹੋਰ ਹੋਰ ਵਿਚ ਲੱਗੇ ਰਹਿੰਦੇ ਹਨ,

45587	1063	ਬਿਨੁ ਪਾਣੀ ਡੁਬਿ ਮੂਏ ਅਭਾਗੇ॥		Bin Paanee Ddub Mooeae Abhaagae ||	The unfortunates are drowned without water, and die.	ਉਹ ਬਦ-ਕਿਸਮਤ ਮਨੁੱਖ ਪਾਣੀ ਤੋਂ ਬਿਨਾ (ਵਿਕਾਰਾਂ ਦੇ ਪਾਣੀ ਵਿਚ) ਡੁੱਬ ਕੇ ਆਤਮਕ ਮੌਤੇ ਮਰ ਜਾਂਦੇ ਹਨ।
45588	1063	ਚਲਦਿਆ ਘਰੁ ਦਰੁ ਨਦਰਿ ਨ ਆਵੈ ਜਮ ਦਰਿ ਬਾਧਾ ਦੁਖੁ ਪਾਇਦਾ॥੧੩॥		Chaladhiaa Ghar Dhar Nadhar N Aavai Jam Dhar Baadhhaa Dhukh Paaeidhaa ||13||	When they depart from the world, they do not find the Lord's door and home; bound and gagged at Death's door, they suffer in pain. ||13||	ਜ਼ਿੰਦਗੀ ਦੇ ਸਫ਼ਰ ਵਿਚ ਪਿਆਂ ਆਪਣਾ ਅਸਲੀ ਘਰ-ਬਾਰ ਨਹੀਂ ਦਿੱਸਦਾ। (ਅਜਿਹਾ ਮਨੁੱਖ) ਜਮਰਾਜ ਦੇ ਦਰ ਤੇ ਬੱਝਾ ਹੋਇਆ ਦੁੱਖ ਪਾਂਦਾ ਹੈ ॥੧੩॥
45589	1063	ਬਿਨੁ ਸਤਿਗੁਰ ਸੇਵੇ ਮੁਕਤਿ ਨ ਹੋਈ॥		Bin Sathigur Saevae Mukath N Hoee ||	Without serving the True Guru, no one finds liberation.	ਗੁਰੂ ਦੀ ਸਰਨ ਪੈਣ ਤੋਂ ਬਿਨਾ (ਮਾਇਆ ਦੇ ਮੋਹ ਤੋਂ) ਖ਼ਲਾਸੀ ਨਹੀਂ ਹੁੰਦੀ,
45590	1063	ਗਿਆਨੀ ਧਿਆਨੀ ਪੂਛਹੁ ਕੋਈ॥		Giaanee Dhhiaanee Pooshhahu Koee ||	Go ask any spiritual teacher or meditator.	ਬੇਸ਼ੱਕ ਕੋਈ ਮਨੁੱਖ ਉਹਨਾਂ ਨੂੰ ਪੁੱਛ ਵੇਖੇ ਜੋ ਧਾਰਮਿਕ ਪੁਸਤਕਾਂ ਪੜ੍ਹ ਕੇ ਨਿਰੀ ਕਥਾ-ਵਾਰਤਾ ਚਰਚਾ ਕਰਨ ਵਾਲੇ ਹਨ, ਜਾਂ ਜੋ, ਸਮਾਧੀਆਂ ਲਾਈ ਰੱਖਦੇ ਹਨ।
45591	1063	ਸਤਿਗੁਰੁ ਸੇਵੇ ਤਿਸੁ ਮਿਲੈ ਵਡਿਆਈ ਦਰਿ ਸਚੈ ਸੋਭਾ ਪਾਇਦਾ॥੧੪॥		Sathigur Saevae This Milai Vaddiaaee Dhar Sachai Sobhaa Paaeidhaa ||14||	Whoever serves the True Guru is blessed with glorious greatness, and honored in the Court of the True Lord. ||14||	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਨੂੰ (ਲੋਕ ਪਰਲੋਕ ਦੀ) ਇੱਜ਼ਤ ਮਿਲਦੀ ਹੈ, ਉਹ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਆਦਰ ਪ੍ਰਾਪਤ ਕਰਦਾ ਹੈ ॥੧੪॥

45592	1063	ਸਤਿਗੁਰ ਨੋ ਸੇਵੇ ਤਿਸੁ ਆਪਿ ਮਿਲਾਏ॥		Sathigur No Saevae This Aap Milaaeae ||	One who serves the True Guru, the Lord merges into Himself.	ਜਿਹੜਾ ਮਨੁੱਖ ਗੁਰੂ ਦੀ ਦੱਸੀ ਕਾਰ ਕਰਦਾ ਹੈ, ਉਸ ਨੂੰ ਪਰਮਾਤਮਾ ਆਪ (ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈ।
45593	1063	ਮਮਤਾ ਕਾਟਿ ਸਚਿ ਲਿਵ ਲਾਏ॥		Mamathaa Kaatt Sach Liv Laaeae ||	Cutting away attachment, one lovingly focuses on the True Lord.	ਉਹ ਮਨੁੱਖ (ਆਪਣੇ ਅੰਦਰੋਂ) ਮਾਇਕ ਪਦਾਰਥਾਂ ਦੇ ਕਬਜ਼ੇ ਦੀ ਲਾਲਸਾ ਛੱਡ ਕੇ ਸਦਾ-ਥਿਰ ਹਰਿ-ਨਾਮ ਵਿਚ ਸੁਰਤ ਜੋੜੀ ਰੱਖਦਾ ਹੈ।
45594	1063	ਸਦਾ ਸਚੁ ਵਣਜਹਿ ਵਾਪਾਰੀ ਨਾਮੋ ਲਾਹਾ ਪਾਇਦਾ॥੧੫॥		Sadhaa Sach Vanajehi Vaapaaree Naamo Laahaa Paaeidhaa ||15||	The merchants deal forever in Truth; they earn the profit of the Naam. ||15||	ਜਿਹੜੇ ਵਣਜਾਰੇ-ਜੀਵ ਸਦਾ-ਥਿਰ ਹਰਿ-ਨਾਮ ਦਾ ਵਣਜ ਸਦਾ ਕਰਦੇ ਹਨ, ਉਹਨਾਂ ਨੂੰ ਹਰੀ-ਨਾਮ ਦਾ ਲਾਭ ਮਿਲਦਾ ਹੈ ॥੧੫॥
45595	1063	ਆਪੇ ਕਰੇ ਕਰਾਏ ਕਰਤਾ॥		Aapae Karae Karaaeae Karathaa ||	The Creator Himself acts, and inspires all to act.	ਪਰ, ਕਰਤਾਰ ਆਪ ਹੀ (ਸਭ ਕੁਝ) ਕਰਦਾ ਹੈ, ਆਪ ਹੀ (ਜੀਵਾਂ ਪਾਸੋਂ) ਕਰਾਂਦਾ ਹੈ।
45596	1063	ਸਬਦਿ ਮਰੈ ਸੋਈ ਜਨੁ ਮੁਕਤਾ॥		Sabadh Marai Soee Jan Mukathaa ||	He alone is liberated, who dies in the Word of the Shabad.	(ਉਸ ਦੀ ਮਿਹਰ ਨਾਲ) ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਆਪਾ-ਭਾਵ ਤਿਆਗਦਾ ਹੈ, ਉਹੀ (ਵਿਕਾਰਾਂ ਤੋਂ) ਸੁਤੰਤਰ ਹੋ ਜਾਂਦਾ ਹੈ।

45597	1063	ਨਾਨਕ ਨਾਮੁ ਵਸੈ ਮਨ ਅੰਤਰਿ ਨਾਮੋ ਨਾਮੁ ਧਿਆਇਦਾ॥੧੬॥੫॥੧੯॥		Naanak Naam Vasai Man Anthar Naamo Naam Dhhiaaeidhaa ||16||5||19||	O Nanak, the Naam dwells deep within the mind; meditate on the Naam, the Name of the Lord. ||16||5||19||	ਹੇ ਨਾਨਕ! ਉਸ ਮਨੁੱਖ ਦੇ ਮਨ ਵਿਚ ਪਰਮਾਤਮਾ ਦਾ ਨਾਮ ਟਿਕਿਆ ਰਹਿੰਦਾ ਹੈ, ਉਹ ਹਰ ਵੇਲੇ ਪਰਮਾਤਮਾ ਦਾ ਨਾਮ ਹੀ ਸਿਮਰਦਾ ਰਹਿੰਦਾ ਹੈ ॥੧੬॥੫॥੧੯॥
45598	1063	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
45599	1063	ਜੋ ਤੁਧੁ ਕਰਣਾ ਸੋ ਕਰਿ ਪਾਇਆ॥		Jo Thudhh Karanaa So Kar Paaeiaa ||	Whatever You do, is done.	ਹੇ ਪ੍ਰਭੂ! ਜਿਹੜਾ ਕੰਮ ਤੂੰ ਕਰਨਾ (ਚਾਹੁੰਦਾ) ਹੈਂ, ਉਹ ਕੰਮ ਤੂੰ ਜ਼ਰੂਰ ਕਰ ਦੇਂਦਾ ਹੈਂ,
45600	1063	ਭਾਣੇ ਵਿਚਿ ਕੋ ਵਿਰਲਾ ਆਇਆ॥		Bhaanae Vich Ko Viralaa Aaeiaa ||	How rare are those who walk in harmony with the Lord's Will.	(ਇਹ ਪਤਾ ਹੁੰਦਿਆਂ ਭੀ) ਕੋਈ ਵਿਰਲਾ ਮਨੁੱਖ ਤੇਰੀ ਰਜ਼ਾ ਨੂੰ ਮਿੱਠਾ ਕਰ ਕੇ ਮੰਨਦਾ ਹੈ।
45601	1063	ਭਾਣਾ ਮੰਨੇ ਸੋ ਸੁਖੁ ਪਾਏ ਭਾਣੇ ਵਿਚਿ ਸੁਖੁ ਪਾਇਦਾ॥੧॥		Bhaanaa Mannae So Sukh Paaeae Bhaanae Vich Sukh Paaeidhaa ||1||	One who surrenders to the Lord's Will finds peace; he finds peace in the Lord's Will. ||1||	ਜਿਹੜਾ ਮਨੁੱਖ ਤੇਰੀ ਰਜ਼ਾ ਨੂੰ ਸਿਰ-ਮੱਥੇ ਤੇ ਮੰਨਦਾ ਹੈ, ਉਹ ਆਤਮਕ ਸੁਖ ਹਾਸਲ ਕਰਦਾ ਹੈ, ਤੇਰੀ ਰਜ਼ਾ ਵਿਚ ਵਿਚ ਰਹਿ ਕੇ ਆਤਮਕ ਆਨੰਦ ਮਾਣਦਾ ਹੈ ॥੧॥
45602	1063	ਗੁਰਮੁਖਿ ਤੇਰਾ ਭਾਣਾ ਭਾਵੈ॥		Guramukh Thaeraa Bhaanaa Bhaavai ||	Your Will is pleasing to the Gurmukh.	ਹੇ ਪ੍ਰਭੂ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੂੰ ਤੇਰੀ ਰਜ਼ਾ ਚੰਗੀ ਲੱਗਦੀ ਹੈ।

45603	1063	ਸਹਜੇ ਹੀ ਸੁਖੁ ਸਚੁ ਕਮਾਵੈ॥		Sehajae Hee Sukh Sach Kamaavai ||	Practicing Truth, he intuitively finds peace.	ਉਹ ਆਤਮਕ ਅਡੋਲਤਾ ਵਿਚ ਰਹਿ ਕੇ ਸੁਖ ਪਾਂਦਾ ਹੈ, ਉਹ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦਾ ਰਹਿੰਦਾ ਹੈ।
45604	1063	ਭਾਣੇ ਨੋ ਲੋਚੈ ਬਹੁਤੇਰੀ ਆਪਣਾ ਭਾਣਾ ਆਪਿ ਮਨਾਇਦਾ॥੨॥		Bhaanae No Lochai Bahuthaeree Aapanaa Bhaanaa Aap Manaaeidhaa ||2||	Many long to walk in harmony with the Lord's Will; He Himself inspires us to surrender to His Will. ||2||	ਪ੍ਰਭੂ ਦੇ ਕੀਤੇ ਨੂੰ ਮਿੱਠਾ ਮੰਨਣ ਦੀ ਤਾਂਘ ਬਥੇਰੀ ਲੁਕਾਈ ਕਰਦੀ ਹੈ, ਪਰ ਆਪਣੀ ਰਜ਼ਾ ਉਹ ਆਪ ਹੀ (ਕਿਸੇ ਵਿਰਲੇ ਤੋਂ) ਮਨਾਂਦਾ ਹੈ ॥੨॥
45605	1063	ਤੇਰਾ ਭਾਣਾ ਮੰਨੇ ਸੁ ਮਿਲੈ ਤੁਧੁ ਆਏ॥		Thaeraa Bhaanaa Mannae S Milai Thudhh Aaeae ||	One who surrenders to Your Will, meets with You, Lord.	ਹੇ ਪ੍ਰਭੂ! ਜਿਹੜਾ ਮਨੁੱਖ ਤੇਰੀ ਰਜ਼ਾ ਨੂੰ ਮੰਨਦਾ ਹੈ, ਉਹ ਤੈਨੂੰ ਆ ਮਿਲਦਾ ਹੈ।
45606	1064	ਜਿਸੁ ਭਾਣਾ ਭਾਵੈ ਸੋ ਤੁਝਹਿ ਸਮਾਏ॥		Jis Bhaanaa Bhaavai So Thujhehi Samaaeae ||	One who is pleased with Your Will is immersed in You.	ਜਿਸ ਮਨੁੱਖ ਨੂੰ ਤੇਰਾ ਭਾਣਾ ਭਾ ਜਾਂਦਾ ਹੈ, ਉਹ ਤੇਰੇ (ਚਰਨਾਂ) ਵਿਚ ਲੀਨ ਹੋ ਜਾਂਦਾ ਹੈ।
45607	1064	ਭਾਣੇ ਵਿਚਿ ਵਡੀ ਵਡਿਆਈ ਭਾਣਾ ਕਿਸਹਿ ਕਰਾਇਦਾ॥੩॥		Bhaanae Vich Vaddee Vaddiaaee Bhaanaa Kisehi Karaaeidhaa ||3||	Glorious greatness rests in God's Will; rare are those who accept it. ||3||	ਪਰਮਾਤਮਾ ਦੀ ਰਜ਼ਾ ਵਿਚ ਰਿਹਾਂ ਬੜੀ ਇੱਜ਼ਤ ਮਿਲਦੀ ਹੈ। ਪਰ ਕਿਸੇ ਵਿਰਲੇ ਨੂੰ ਰਜ਼ਾ ਵਿਚ ਤੋਰਦਾ ਹੈ ॥੩॥

45608	1064	ਜਾ ਤਿਸੁ ਭਾਵੈ ਤਾ ਗੁਰੂ ਮਿਲਾਏ॥		Jaa This Bhaavai Thaa Guroo Milaaeae ||	When it pleases His Will, He leads us to meet the Guru.	ਜਦੋਂ ਉਸ ਪਰਮਾਤਮਾ ਨੂੰ ਚੰਗਾ ਲੱਗਦਾ ਹੈ, ਤਦੋਂ ਉਹ (ਕਿਸੇ ਵਡਭਾਗੀ ਨੂੰ) ਗੁਰੂ ਮਿਲਾਂਦਾ ਹੈ।
45609	1064	ਗੁਰਮੁਖਿ ਨਾਮੁ ਪਦਾਰਥੁ ਪਾਏ॥		Guramukh Naam Padhaarathh Paaeae ||	The Gurmukh finds the treasure of the Naam, the Name of the Lord.	ਤੇ, ਗੁਰੂ ਦੇ ਸਨਮੁਖ ਹੋਇਆ ਮਨੁੱਖ ਪਰਮਾਤਮਾ ਦਾ ਸ੍ਰੇਸ਼ਟ ਨਾਮ ਪ੍ਰਾਪਤ ਕਰ ਲੈਂਦਾ ਹੈ।
45610	1064	ਤੁਧੁ ਆਪਣੈ ਭਾਣੈ ਸਭ ਸ੍ਰਿਸਟਿ ਉਪਾਈ ਜਿਸ ਨੋ ਭਾਣਾ ਦੇਹਿ ਤਿਸੁ ਭਾਇਦਾ॥੪॥		Thudhh Aapanai Bhaanai Sabh Srisatt Oupaaee Jis No Bhaanaa Dhaehi This Bhaaeidhaa ||4||	By Your Will, You created the whole Universe; those whom You bless with Your favor are pleased with Your Will. ||4||	ਇਹ ਸਾਰੀ ਸ੍ਰਿਸ਼ਟੀ ਤੂੰ ਆਪਣੀ ਰਜ਼ਾ ਵਿਚ ਪੈਦਾ ਕੀਤੀ ਹੈ। ਜਿਸ ਮਨੁੱਖ ਨੂੰ ਤੂੰ ਆਪਣੀ ਰਜ਼ਾ ਮੰਨਣ ਦੀ ਤਾਕਤ ਦੇਂਦਾ ਹੈਂ, ਉਸ ਨੂੰ ਤੇਰੀ ਰਜ਼ਾ ਪਿਆਰੀ ਲੱਗਦੀ ਹੈ ॥੪॥
45611	1064	ਮਨਮੁਖੁ ਅੰਧੁ ਕਰੇ ਚਤੁਰਾਈ॥		Manamukh Andhh Karae Chathuraaee ||	The blind, self-willed manmukhs practice cleverness.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਤੇ ਮਾਇਆ ਦੇ ਮੋਹ ਵਿਚ ਅੰਨ੍ਹਾ ਹੋ ਚੁਕਾ ਮਨੁੱਖ (ਆਪਣੇ ਵਲੋਂ ਬਥੇਰੀ) ਸਿਆਣਪ ਕਰਦਾ ਹੈ,
45612	1064	ਭਾਣਾ ਨ ਮੰਨੇ ਬਹੁਤੁ ਦੁਖੁ ਪਾਈ॥		Bhaanaa N Mannae Bahuth Dhukh Paaee ||	They do not surrender to the Lord's Will, and suffer terrible pain.	(ਪਰ ਜਦ ਤਕ ਉਹ ਪਰਮਾਤਮਾ ਦੇ) ਕੀਤੇ ਨੂੰ ਮਿੱਠਾ ਕਰ ਕੇ ਨਹੀਂ ਮੰਨਦਾ (ਉਤਨਾ ਚਿਰ ਉਹ) ਬਹੁਤ ਦੁੱਖ ਪਾਂਦਾ ਹੈ।

45613	1064	ਭਰਮੇ ਭੂਲਾ ਆਵੈ ਜਾਏ ਘਰੁ ਮਹਲੁ ਨ ਕਬਹੂ ਪਾਇਦਾ॥੫॥		Bharamae Bhoolaa Aavai Jaaeae Ghar Mehal N Kabehoo Paaeidhaa ||5||	Deluded by doubt, they come and go in reincarnation; they never find the Mansion of the Lord's Presence. ||5||	ਮਨ ਦਾ ਮੁਰੀਦ ਮਨੁੱਖ ਭਟਕਣਾ ਦੇ ਕਾਰਨ ਕੁਰਾਹੇ ਪਿਆ ਹੋਇਆ ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ, ਉਹ ਕਦੇ ਭੀ (ਇਸ ਤਰ੍ਹਾਂ) ਪਰਮਾਤਮਾ ਦੇ ਚਰਨਾਂ ਵਿਚ ਥਾਂ ਨਹੀਂ ਲੱਭ ਸਕਦਾ ॥੫॥
45614	1064	ਸਤਿਗੁਰੁ ਮੇਲੇ ਦੇ ਵਡਿਆਈ॥		Sathigur Maelae Dhae Vaddiaaee ||	The True Guru brings Union, and grants glorious greatness.	(ਜਿਸ ਮਨੁੱਖ ਨੂੰ ਪਰਮਾਤਮਾ) ਗੁਰੂ ਮਿਲਾਂਦਾ ਹੈ, (ਉਸ ਨੂੰ ਲੋਕ ਪਰਲੋਕ ਦੀ) ਇੱਜ਼ਤ ਬਖ਼ਸ਼ਦਾ ਹੈ।
45615	1064	ਸਤਿਗੁਰ ਕੀ ਸੇਵਾ ਧੁਰਿ ਫੁਰਮਾਈ॥		Sathigur Kee Saevaa Dhhur Furamaaee ||	The Primal Lord ordained service to the True Guru.	ਗੁਰੂ ਦੀ ਦੱਸੀ ਕਾਰ ਕਰਨ ਦਾ ਹੁਕਮ ਧੁਰੋਂ ਹੀ ਪ੍ਰਭੂ ਨੇ ਦਿੱਤਾ ਹੋਇਆ ਹੈ।
45616	1064	ਸਤਿਗੁਰ ਸੇਵੇ ਤਾ ਨਾਮੁ ਪਾਏ ਨਾਮੇ ਹੀ ਸੁਖੁ ਪਾਇਦਾ॥੬॥		Sathigur Saevae Thaa Naam Paaeae Naamae Hee Sukh Paaeidhaa ||6||	Serving the True Guru, the Naam is obtained. Through the Naam, one finds peace. ||6||	ਜਦੋਂ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਤਦੋਂ ਉਹ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲੈਂਦਾ ਹੈ, ਤੇ, ਨਾਮ ਵਿਚ ਜੁੜ ਕੇ ਹੀ ਆਤਮਕ ਆਨੰਦ ਪਾਂਦਾ ਹੈ ॥੬॥
45617	1064	ਸਭ ਨਾਵਹੁ ਉਪਜੈ ਨਾਵਹੁ ਛੀਜੈ॥		Sabh Naavahu Oupajai Naavahu Shheejai ||	Everything wells up from the Naam, and through the Naam, perishes.	ਨਾਮ (ਸਿਮਰਨ) ਤੋਂ ਹਰੇਕ (ਗੁਣ ਮਨੁੱਖ ਦੇ ਅੰਦਰ) ਪੈਦਾ ਹੋ ਜਾਂਦਾ ਹੈ, ਨਾਮ (ਸਿਮਰਨ) ਤੋਂ (ਹਰੇਕ ਔਗੁਣ ਮਨੁੱਖ ਦੇ ਅੰਦਰੋਂ) ਨਾਸ ਹੋ ਜਾਂਦਾ ਹੈ।

45618	1064	ਗੁਰ ਕਿਰਪਾ ਤੇ ਮਨੁ ਤਨੁ ਭੀਜੈ॥		Gur Kirapaa Thae Man Than Bheejai ||	By Guru's Grace, the mind and body are pleased with the Naam.	ਗੁਰੂ ਦੀ ਕਿਰਪਾ ਨਾਲ (ਹੀ ਮਨੁੱਖ ਦਾ) ਮਨ (ਮਨੁੱਖ ਦਾ) ਤਨ (ਨਾਮ-ਰਸ ਵਿਚ) ਭਿੱਜਦਾ ਹੈ।
45619	1064	ਰਸਨਾ ਨਾਮੁ ਧਿਆਏ ਰਸਿ ਭੀਜੈ ਰਸ ਹੀ ਤੇ ਰਸੁ ਪਾਇਦਾ॥੭॥		Rasanaa Naam Dhhiaaeae Ras Bheejai Ras Hee Thae Ras Paaeidhaa ||7||	Meditating on the Naam, the tongue is drenched with the Lord's sublime essence. Through this essence, the Essence is obtained. ||7||	(ਜਦੋਂ ਮਨੁੱਖ ਆਪਣੀ) ਜੀਭ ਨਾਲ ਹਰਿ-ਨਾਮ ਸਿਮਰਦਾ ਹੈ, ਉਹ ਅਨੰਦ ਵਿਚ ਭਿੱਜ ਜਾਂਦਾ ਹੈ, ਉਸ ਆਨੰਦ ਤੋਂ ਹੀ ਮਨੁੱਖ ਹੋਰ ਆਤਮਕ ਆਨੰਦ ਪ੍ਰਾਪਤ ਕਰਦਾ ਹੈ ॥੭॥
45620	1064	ਮਹਲੈ ਅੰਦਰਿ ਮਹਲੁ ਕੋ ਪਾਏ॥		Mehalai Andhar Mehal Ko Paaeae ||	Rare are those who find the Mansion of the Lord's Presence within the mansion of their own body.	ਜਿਹੜਾ ਕੋਈ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ) ਸਰੀਰ ਵਿਚ ਪਰਮਾਤਮਾ ਦਾ ਟਿਕਾਣਾ ਲੱਭ ਲੈਂਦਾ ਹੈ,
45621	1064	ਗੁਰ ਕੈ ਸਬਦਿ ਸਚਿ ਚਿਤੁ ਲਾਏ॥		Gur Kai Sabadh Sach Chith Laaeae ||	Through the Word of the Guru's Shabad, they lovingly focus their consciousness on the True Lord.	ਉਹ ਸਦਾ-ਥਿਰ ਹਰਿ-ਨਾਮ ਵਿਚ ਚਿੱਤ ਜੋੜੀ ਰੱਖਦਾ ਹੈ।

45622	1064	ਜਿਸ ਨੋ ਸਚੁ ਦੇਇ ਸੋਈ ਸਚੁ ਪਾਏ ਸਚੇ ਸਚਿ ਮਿਲਾਇਦਾ॥੮॥		Jis No Sach Dhaee Soee Sach Paaeae Sachae Sach Milaaeidhaa ||8||	Whoever the Lord blesses with Truth obtains Truth; he merges in Truth, and only Truth. ||8||	ਪਰ, ਜਿਸ ਮਨੁੱਖ ਨੂੰ ਸਦਾ-ਥਿਰ ਪ੍ਰਭੂ ਆਪਣਾ ਸਦਾ-ਥਿਰ ਹਰਿ-ਨਾਮ ਦੇਂਦਾ ਹੈ, ਉਹੀ ਇਹ ਹਰਿ-ਨਾਮ ਹਾਸਲ ਕਰਦਾ ਹੈ, ਤੇ, ਉਹ ਹਰ ਵੇਲੇ ਇਸ ਸਦਾ-ਥਿਰ ਹਰਿ-ਨਾਮ ਵਿਚ ਇਕ-ਮਿਕ ਹੋਇਆ ਰਹਿੰਦਾ ਹੈ ॥੮॥
45623	1064	ਨਾਮੁ ਵਿਸਾਰਿ ਮਨਿ ਤਨਿ ਦੁਖੁ ਪਾਇਆ॥		Naam Visaar Man Than Dhukh Paaeiaa ||	Forgetting the Naam, the Name of the Lord, the mind and body suffer in pain.	ਪਰਮਾਤਮਾ ਦਾ ਨਾਮ ਭੁਲਾ ਕੇ ਉਸ ਮਨੁੱਖ ਆਪਣੇ ਮਨ ਵਿਚ ਤਨ ਵਿਚ ਦੁਖ ਹੀ ਪਾਇਆ ਹੈ,
45624	1064	ਮਾਇਆ ਮੋਹੁ ਸਭੁ ਰੋਗੁ ਕਮਾਇਆ॥		Maaeiaa Mohu Sabh Rog Kamaaeiaa ||	Attached to the love of Maya, he earns nothing but disease.	(ਜਿਸਦੇ ਮਨ ਵਿਚ ਹਰ ਵੇਲੇ) ਮਾਇਆ ਦਾ ਮੋਹ (ਪ੍ਰਬਲ ਹੈ। ਉਸ ਨੇ) ਨਿਰਾ (ਆਤਮਕ) ਰੋਗ ਹੀ ਖੱਟਿਆ ਹੈ।
45625	1064	ਬਿਨੁ ਨਾਵੈ ਮਨੁ ਤਨੁ ਹੈ ਕੁਸਟੀ ਨਰਕੇ ਵਾਸਾ ਪਾਇਦਾ॥੯॥		Bin Naavai Man Than Hai Kusattee Narakae Vaasaa Paaeidhaa ||9||	Without the Name, his mind and body are afflicted with leprosy, and he obtains his home in hell. ||9||	ਪ੍ਰਭੂ ਦੇ ਨਾਮ ਤੋਂ ਬਿਨਾ (ਮਨੁੱਖ ਦਾ) ਮਨ ਭੀ ਰੋਗੀ, ਤਨ (ਭਾਵ, ਗਿਆਨ-ਇੰਦ੍ਰੇ) ਭੀ ਰੋਗੀ (ਵਿਕਾਰੀ), ਉਹ ਨਰਕ ਵਿਚ ਹੀ ਪਿਆ ਰਹਿੰਦਾ ਹੈ ॥੯॥
45626	1064	ਨਾਮਿ ਰਤੇ ਤਿਨ ਨਿਰਮਲ ਦੇਹਾ॥		Naam Rathae Thin Niramal Dhaehaa ||	Those who are imbued with the Naam - their bodies are immaculate and pure.	ਜਿਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ, ਉਹਨਾਂ ਦੇ ਸਰੀਰ ਵਿਕਾਰਾਂ ਤੋਂ ਬਚੇ ਰਹਿੰਦੇ ਹਨ,

45627	1064	ਨਿਰਮਲ ਹੰਸਾ ਸਦਾ ਸੁਖੁ ਨੇਹਾ॥		Niramal Hansaa Sadhaa Sukh Naehaa ||	Their soul-swan is immaculate, and in the Lord's Love, they find eternal peace.	ਉਹਨਾਂ ਦਾ ਆਤਮਾ ਪਵਿੱਤਰ ਰਹਿੰਦਾ ਹੈ, ਉਹ (ਪ੍ਰਭੂ-ਚਰਨਾਂ ਨਾਲ) ਪਿਆਰ (ਜੋੜ ਕੇ) ਸਦਾ ਆਤਮਕ ਆਨੰਦ ਮਾਣਦੇ ਹਨ।
45628	1064	ਨਾਮੁ ਸਲਾਹਿ ਸਦਾ ਸੁਖੁ ਪਾਇਆ ਨਿਜ ਘਰਿ ਵਾਸਾ ਪਾਇਦਾ॥੧੦॥		Naam Salaahi Sadhaa Sukh Paaeiaa Nij Ghar Vaasaa Paaeidhaa ||10||	Praising the Naam, they find eternal peace, and dwell in the home of their own inner being. ||10||	ਪਰਮਾਤਮਾ ਦੇ ਨਾਮ ਦੀ ਸਿਫ਼ਤ-ਸਾਲਾਹ ਕਰ ਕੇ ਮਨੁੱਖ ਸਦਾ ਸੁਖ ਪਾਂਦਾ ਹੈ, ਪ੍ਰਭੂ-ਚਰਨਾਂ ਵਿਚ ਉਸ ਦਾ ਨਿਵਾਸ ਬਣਿਆ ਰਹਿੰਦਾ ਹੈ ॥੧੦॥
45629	1064	ਸਭੁ ਕੋ ਵਣਜੁ ਕਰੇ ਵਾਪਾਰਾ॥		Sabh Ko Vanaj Karae Vaapaaraa ||	Everyone deals and trades.	(ਜਗਤ ਵਿਚ ਆ ਕੇ) ਹਰੇਕ ਜੀਵ ਵਣਜ ਵਾਪਾਰ (ਆਦਿਕ ਕੋਈ ਨਾ ਕੋਈ ਕਾਰ-ਵਿਹਾਰ) ਕਰਦਾ ਹੈ,
45630	1064	ਵਿਣੁ ਨਾਵੈ ਸਭੁ ਤੋਟਾ ਸੰਸਾਰਾ॥		Vin Naavai Sabh Thottaa Sansaaraa ||	Without the Name, all the world loses.	ਪਰ ਪ੍ਰਭੂ ਦੇ ਨਾਮ ਤੋਂ ਸੱਖਣੇ ਰਹਿ ਕੇ ਜਗਤ ਵਿਚ ਨਿਰਾ ਘਾਟਾ (ਹੀ ਘਾਟਾ) ਹੈ,
45631	1064	ਨਾਗੋ ਆਇਆ ਨਾਗੋ ਜਾਸੀ ਵਿਣੁ ਨਾਵੈ ਦੁਖੁ ਪਾਇਦਾ॥੧੧॥		Naago Aaeiaa Naago Jaasee Vin Naavai Dhukh Paaeidhaa ||11||	Naked they come, and naked they go; without the Name, they suffer in pain. ||11||	(ਕਿਉਂਕਿ ਜਗਤ ਵਿਚ ਜੀਵ) ਨੰਗਾ ਹੀ ਆਉਂਦਾ ਹੈ (ਤੇ ਇਥੋਂ) ਨੰਗਾ ਹੀ ਤੁਰ ਜਾਇਗਾ (ਦੁਨੀਆ ਵਾਲੀ ਕਮਾਈ ਇਥੇ ਹੀ ਰਹਿ ਜਾਇਗੀ)। ਪ੍ਰਭੂ ਦੇ ਨਾਮ ਤੋਂ ਵਾਂਝਿਆ ਹੋਇਆ ਦੁੱਖ ਹੀ ਸਹਾਰਦਾ ਹੈ ॥੧੧॥

45632	1064	ਜਿਸ ਨੋ ਨਾਮੁ ਦੇਇ ਸੋ ਪਾਏ॥		Jis No Naam Dhaee So Paaeae ||	He alone obtains the Naam, unto whom the Lord gives it.	ਜਿਸ ਮਨੁੱਖ ਨੂੰ ਪਰਮਾਤਮਾ ਆਪਣਾ ਨਾਮ ਦੇਂਦਾ ਹੈ ਉਹ (ਹੀ ਇਹ ਦਾਤਿ) ਹਾਸਲ ਕਰਦਾ ਹੈ।
45633	1064	ਗੁਰ ਕੈ ਸਬਦਿ ਹਰਿ ਮੰਨਿ ਵਸਾਏ॥		Gur Kai Sabadh Har Mann Vasaaeae ||	Through the Word of the Guru's Shabad, the Lord comes to dwell in the mind.	ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਹਰਿ-ਨਾਮ ਨੂੰ ਆਪਣੇ ਮਨ ਵਿਚ ਵਸਾ ਲੈਂਦਾ ਹੈ।
45634	1064	ਗੁਰ ਕਿਰਪਾ ਤੇ ਨਾਮੁ ਵਸਿਆ ਘਟ ਅੰਤਰਿ ਨਾਮੋ ਨਾਮੁ ਧਿਆਇਦਾ॥੧੨॥		Gur Kirapaa Thae Naam Vasiaa Ghatt Anthar Naamo Naam Dhhiaaeidhaa ||12||	By Guru's Grace, the Naam dwells deep within the heart, and one meditates upon the Naam, the Name of the Lord. ||12||	ਗੁਰੂ ਦੀ ਕਿਰਪਾ ਨਾਲ ਉਸ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ ਉਹ ਹਰ ਵੇਲੇ ਹਰਿ-ਨਾਮ ਹੀ ਸਿਮਰਦਾ ਰਹਿੰਦਾ ਹੈ ॥੧੨॥
45635	1064	ਨਾਵੈ ਨੋ ਲੋਚੈ ਜੇਤੀ ਸਭ ਆਈ॥		Naavai No Lochai Jaethee Sabh Aaee ||	Everyone who comes into the world, longs for the Name.	ਜਿਤਨੀ ਭੀ ਲੁਕਾਈ (ਜਗਤ ਵਿਚ) ਪੈਦਾ ਹੁੰਦੀ ਹੈ (ਉਹ ਸਾਰੀ) ਪਰਮਾਤਮਾ ਦਾ ਨਾਮ ਪ੍ਰਾਪਤ ਕਰਨ ਦੀ ਤਾਂਘ ਕਰਦੀ ਹੈ,
45636	1064	ਨਾਉ ਤਿਨਾ ਮਿਲੈ ਧੁਰਿ ਪੁਰਬਿ ਕਮਾਈ॥		Naao Thinaa Milai Dhhur Purab Kamaaee ||	They alone are blessed with the Name, whose past actions were so ordained by the Primal Lord.	ਪਰ ਪਰਮਾਤਮਾ ਦਾ ਨਾਮ ਉਹਨਾਂ ਨੂੰ ਮਿਲਦਾ ਹੈ ਜਿਨ੍ਹਾਂ ਨੇ ਪ੍ਰਭੂ ਦੀ ਰਜ਼ਾ ਅਨੁਸਾਰ ਪਹਿਲੇ ਜਨਮ ਵਿਚ (ਨਾਮ ਜਪਣ ਦੀ) ਕਮਾਈ ਕੀਤੀ ਹੁੰਦੀ ਹੈ।

45637	1064	ਜਿਨੀ ਨਾਉ ਪਾਇਆ ਸੇ ਵਡਭਾਗੀ ਗੁਰ ਕੈ ਸਬਦਿ ਮਿਲਾਇਦਾ॥੧੩॥		Jinee Naao Paaeiaa Sae Vaddabhaagee Gur Kai Sabadh Milaaeidhaa ||13||	Those who obtain the Name are very fortunate. Through the Word of the Guru's Shabad, they are united with God. ||13||	ਜਿਨ੍ਹਾਂ ਨੂੰ ਪਰਮਾਤਮਾ ਦਾ ਨਾਮ ਮਿਲ ਜਾਂਦਾ ਹੈ, ਉਹ ਵੱਡੇ ਭਾਗਾਂ ਵਾਲੇ ਬਣ ਜਾਂਦੇ ਹਨ। (ਅਜਿਹੇ ਵਡਭਾਗੀਆਂ ਨੂੰ ਪਰਮਾਤਮਾ) ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਨਾਲ) ਮਿਲਾ ਲੈਂਦਾ ਹੈ ॥੧੩॥
45638	1064	ਕਾਇਆ ਕੋਟੁ ਅਤਿ ਅਪਾਰਾ॥		Kaaeiaa Kott Ath Apaaraa ||	Utterly incomparable is the fortress of the body.	(ਮਨੁੱਖ ਦਾ ਇਹ) ਸਰੀਰ ਉਸ ਬਹੁਤ ਬੇਅੰਤ ਪਰਮਾਤਮਾ (ਦੇ ਰਹਿਣ) ਲਈ ਕਿਲ੍ਹਾ ਹੈ।
45639	1064	ਤਿਸੁ ਵਿਚਿ ਬਹਿ ਪ੍ਰਭੁ ਕਰੇ ਵੀਚਾਰਾ॥		This Vich Behi Prabh Karae Veechaaraa ||	Within it, God sits in contemplation.	ਇਸ ਕਿਲ੍ਹੇ ਵਿਚ ਬੈਠ ਕੇ ਪਰਮਾਤਮਾ (ਕਈ ਕਿਸਮ ਦੇ) ਵਿਚਾਰ ਕਰਦਾ ਰਹਿੰਦਾ ਹੈ।
45640	1064	ਸਚਾ ਨਿਆਉ ਸਚੋ ਵਾਪਾਰਾ ਨਿਹਚਲੁ ਵਾਸਾ ਪਾਇਦਾ॥੧੪॥		Sachaa Niaao Sacho Vaapaaraa Nihachal Vaasaa Paaeidhaa ||14||	He administers true justice, and trades in Truth; through Him, one finds the eternal, unchanging dwelling. ||14||	ਉਸ ਪਰਮਾਤਮਾ ਦਾ ਨਿਆਂ ਸਦਾ ਕਾਇਮ ਰਹਿਣ ਵਾਲਾ ਹੈ। ਜਿਹੜਾ ਮਨੁੱਖ ਸਦਾ-ਥਿਰ ਹਰਿ-ਨਾਮ ਸਿਮਰਨ ਦਾ ਵਾਪਾਰ ਕਰਦਾ ਹੈ, ਉਹ (ਇਸ ਕਿਲ੍ਹੇ ਵਿਚ) ਭਟਕਣਾ ਤੋਂ ਰਹਿਤ ਨਿਵਾਸ ਪ੍ਰਾਪਤ ਕਰੀ ਰੱਖਦਾ ਹੈ ॥੧੪॥
45641	1064	ਅੰਤਰ ਘਰ ਬੰਕੇ ਥਾਨੁ ਸੁਹਾਇਆ॥		Anthar Ghar Bankae Thhaan Suhaaeiaa ||	Deep within the inner self are glorious homes and beautiful places.	(ਨਾਮ ਸਿਮਰਨ ਦੀ ਬਰਕਤਿ ਨਾਲ ਸਰੀਰ ਦੇ ਮਨ ਬੁੱਧੀ ਆਦਿਕ) ਅੰਦਰਲੇ ਘਰ ਸੋਹਣੇ ਬਣੇ ਰਹਿੰਦੇ ਹਨ, ਹਿਰਦਾ-ਥਾਂ ਭੀ ਸੋਹਣਾ ਬਣਿਆ ਰਹਿੰਦਾ ਹੈ।

45642	1064	ਗੁਰਮੁਖਿ ਵਿਰਲੈ ਕਿਨੈ ਥਾਨੁ ਪਾਇਆ॥		Guramukh Viralai Kinai Thhaan Paaeiaa ||	But rare is that person who, as Gurmukh, finds these places.	ਕਿਸੇ ਉਸ ਵਿਰਲੇ ਮਨੁੱਖ ਨੂੰ ਇਹ ਥਾਂ ਪ੍ਰਾਪਤ ਹੁੰਦਾ ਹੈ ਜੋ ਗੁਰੂ ਦੇ ਸਨਮੁਖ ਰਹਿੰਦਾ ਹੈ।
45643	1064	ਇਤੁ ਸਾਥਿ ਨਿਬਹੈ ਸਾਲਾਹੇ ਸਚੇ ਹਰਿ ਸਚਾ ਮੰਨਿ ਵਸਾਇਦਾ॥੧੫॥		Eith Saathh Nibehai Saalaahae Sachae Har Sachaa Mann Vasaaeidhaa ||15||	If one stays in these places, and praises the True Lord, the True Lord comes to dwell in the mind. ||15||	ਜਿਹੜਾ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹੈ ਤੇ ਸਦਾ-ਥਿਰ ਹਰਿ-ਨਾਮ ਨੂੰ ਆਪਣੇ ਮਨ ਵਿਚ ਵਸਾਈ ਰੱਖਦਾ ਹੈ, ਉਸ ਮਨੁੱਖ ਦੀ ਪ੍ਰਭੂ ਨਾਲ ਪ੍ਰੀਤ ਇਸ (ਮਨ ਬੁੱਧੀ ਆਦਿਕ ਵਾਲੇ) ਸਾਥ ਵਿਚ ਤੋੜ ਪੂਰੀ ਉਤਰਦੀ ਹੈ ॥੧੫॥
45644	1064	ਮੇਰੈ ਕਰਤੈ ਇਕ ਬਣਤ ਬਣਾਈ॥		Maerai Karathai Eik Banath Banaaee ||	My Creator Lord has formed this formation.	ਮੇਰੇ ਕਰਤਾਰ ਨੇ ਇਹ ਇਕ (ਅਜੀਬ) ਵਿਓਂਤ ਬਣਾ ਦਿੱਤੀ ਹੈ,
45645	1064	ਇਸੁ ਦੇਹੀ ਵਿਚਿ ਸਭ ਵਥੁ ਪਾਈ॥		Eis Dhaehee Vich Sabh Vathh Paaee ||	He has placed everything within this body.	ਕਿ ਉਸ ਨੇ ਮਨੁੱਖ ਦੇ ਸਰੀਰ ਵਿਚ (ਹੀ ਉਸ ਦੇ ਆਤਮਕ ਜੀਵਨ ਦੀ) ਸਾਰੀ ਰਾਸਿ-ਪੂੰਜੀ ਪਾ ਰੱਖੀ ਹੈ।

45646	1064	ਨਾਨਕ ਨਾਮੁ ਵਣਜਹਿ ਰੰਗਿ ਰਾਤੇ ਗੁਰਮੁਖਿ ਕੋ ਨਾਮੁ ਪਾਇਦਾ॥੧੬॥੬॥੨੦॥		Naanak Naam Vanajehi Rang Raathae Guramukh Ko Naam Paaeidhaa ||16||6||20||	O Nanak, those who deal in the Naam are imbued with His Love. The Gurmukh obtains the Naam, the Name of the Lord. ||16||6||20||	ਹੇ ਨਾਨਕ! ਜਿਹੜੇ ਮਨੁੱਖ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਨਾਮ ਦਾ ਵਣਜ ਕਰਦੇ ਰਹਿੰਦੇ ਹਨ, ਉਹ ਉਸ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ। ਕੋਈ ਉਹ ਮਨੁੱਖ ਹੀ ਪਰਮਾਤਮਾ ਦਾ ਨਾਮ ਪ੍ਰਾਪਤ ਕਰਦਾ ਹੈ ਜੋ ਗੁਰੂ ਦੇ ਸਨਮੁਖ ਰਹਿੰਦਾ ਹੈ ॥੧੬॥੬॥੨੦॥
45647	1064	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
45648	1064	ਕਾਇਆ ਕੰਚਨੁ ਸਬਦੁ ਵੀਚਾਰਾ॥		Kaaeiaa Kanchan Sabadh Veechaaraa ||	Contemplating the Word of the Shabad, the body becomes golden.	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਹਿਰਦੇ ਵਿਚ ਵਸਾਂਦਾ ਹੈ, (ਸ਼ਬਦ ਦੀ ਬਰਕਤ ਨਾਲ ਵਿਕਾਰਾਂ ਤੋਂ ਬਚ ਸਕਣ ਨਾਲ ਉਸ ਦਾ) ਸਰੀਰ ਸੋਨੇ ਵਰਗਾ ਸੁੱਧ ਹੋ ਜਾਂਦਾ ਹੈ।
45649	1064	ਤਿਥੈ ਹਰਿ ਵਸੈ ਜਿਸ ਦਾ ਅੰਤੁ ਨ ਪਾਰਾਵਾਰਾ॥		Thithhai Har Vasai Jis Dhaa Anth N Paaraavaaraa ||	The Lord abides there; He has no end or limitation.	ਜਿਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਜਿਸ ਪਰਮਾਤਮਾ ਦੀ ਹਸਤੀ ਦਾ ਪਾਰਲਾ ਉਰਲਾ ਬੰਨਾ ਨਹੀਂ ਲੱਭ ਸਕਦਾ, ਉਹ ਪਰਮਾਤਮਾ ਉਸ (ਮਨੁੱਖ ਦੇ) ਹਿਰਦੇ ਵਿਚ ਆ ਵੱਸਦਾ ਹੈ।

45650	1064	ਅਨ ਦਿਨੁ ਹਰਿ ਸੇਵਿਹੁ ਸਚੀ ਬਾਣੀ ਹਰਿ ਜੀਉ ਸਬਦਿ ਮਿਲਾਇਦਾ॥੧॥		Anadhin Har Saevihu Sachee Baanee Har Jeeo Sabadh Milaaeidhaa ||1||	Night and day, serve the Lord, and chant the True Word of the Guru's Bani. Through the Shabad, meet the Dear Lord. ||1||	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ ਪਰਮਾਤਮਾ ਦੀ ਸੇਵਾ-ਭਗਤੀ ਕਰਦੇ ਰਿਹਾ ਕਰੋ। ਪਰਮਾਤਮਾ ਗੁਰੂ ਦੇ ਸ਼ਬਦ ਵਿਚ ਜੋੜ ਕੇ ਆਪਣੇ ਨਾਲ ਮਿਲਾ ਲੈਂਦਾ ਹੈ ॥੧॥
45651	1065	ਹਰਿ ਚੇਤਹਿ ਤਿਨ ਬਲਿਹਾਰੈ ਜਾਉ॥		Har Chaethehi Thin Balihaarai Jaao ||	I am a sacrifice to those who remember the Lord.	ਜਿਹੜੇ ਮਨੁੱਖ ਪਰਮਾਤਮਾ ਦਾ ਸਿਮਰਨ ਕਰਦੇ ਹਨ, ਮੈਂ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ।
45652	1065	ਗੁਰ ਕੈ ਸਬਦਿ ਤਿਨ ਮੇਲਿ ਮਿਲਾਉ॥		Gur Kai Sabadh Thin Mael Milaao ||	Through the Word of the Guru's Shabad, I unite in Union with the Lord.	ਗੁਰੂ ਦੇ ਸ਼ਬਦ ਦੀ ਬਰਕਤ ਨਾਲ ਮੈਂ ਉਹਨਾਂ ਦੀ ਸੰਗਤ ਵਿਚ ਮਿਲਦਾ ਹਾਂ।
45653	1065	ਤਿਨ ਕੀ ਧੂਰਿ ਲਾਈ ਮੁਖਿ ਮਸਤਕਿ ਸਤਸੰਗਤਿ ਬਹਿ ਗੁਣ ਗਾਇਦਾ॥੨॥		Thin Kee Dhhoor Laaee Mukh Masathak Sathasangath Behi Gun Gaaeidhaa ||2||	I touch the dust of their feet to my face and forehead; sitting in the Society of the Saints, I sing His Glorious Praises. ||2||	ਜਿਹੜੇ ਮਨੁੱਖ ਸਾਧ ਸੰਗਤ ਵਿਚ ਬੈਠ ਕੇ ਪਰਮਾਤਮਾ ਦੇ ਗੁਣ ਗਾਂਦੇ ਹਨ, ਮੈਂ ਉਹਨਾਂ (ਦੇ ਚਰਨਾਂ) ਦੀ ਧੂੜ ਆਪਣੇ ਮੂੰਹ ਉਤੇ ਆਪਣੇ ਮੱਥੇ ਉਤੇ ਲਾਂਦਾ ਹਾਂ ॥੨॥
45654	1065	ਹਰਿ ਕੇ ਗੁਣ ਗਾਵਾ ਜੇ ਹਰਿ ਪ੍ਰਭ ਭਾਵਾ॥		Har Kae Gun Gaavaa Jae Har Prabh Bhaavaa ||	I sing the Glorious Praises of the Lord, as I am pleasing to the Lord God.	ਮੈਂ ਪਰਮਾਤਮਾ ਦੇ ਗੁਣ ਤਦੋਂ ਹੀ ਗਾ ਸਕਦਾ ਹਾਂ ਜੇ ਮੈਂ ਉਸ ਨੂੰ ਚੰਗਾ ਲੱਗਾਂ (ਜੇ ਮੇਰੇ ਉਤੇ ਉਸ ਦੀ ਮਿਹਰ ਹੋਵੇ)।

45655	1065	ਅੰਤਰਿ ਹਰਿ ਨਾਮੁ ਸਬਦਿ ਸੁਹਾਵਾ॥		Anthar Har Naam Sabadh Suhaavaa ||	With the Lord's Name deep within my inner being, I am adorned with the Word of the Shabad.	ਜੇ ਮੇਰੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸ ਪਏ, ਤਾਂ ਗੁਰੂ ਦੇ ਸ਼ਬਦ ਦੀ ਬਰਕਤ ਨਾਲ ਮੇਰਾ ਜੀਵਨ ਸੋਹਣਾ ਬਣ ਜਾਂਦਾ ਹੈ।
45656	1065	ਗੁਰਬਾਣੀ ਚਹੁ ਕੁੰਡੀ ਸੁਣੀਐ ਸਾਚੈ ਨਾਮਿ ਸਮਾਇਦਾ॥੩॥	ਕੁੰਡੀਂ	Gurabaanee Chahu Kunddee Suneeai Saachai Naam Samaaeidhaa ||3||	The Word of the Guru's Bani is heard throughout the four corners of the world; through it, we merge in the True Name. ||3||	ਜਿਹੜਾ ਮਨੁੱਖ ਗੁਰੂ ਦੀ ਬਾਣੀ ਵਿਚ ਜੁੜਦਾ ਹੈ, ਉਹ ਸਾਰੇ ਸੰਸਾਰ ਵਿਚ ਪਰਗਟ ਹੋ ਜਾਂਦਾ ਹੈ। ਨਾਮ ਵਿਚ ਲੀਨ ਰਿਹਾਂ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਸਮਾਇਆ ਰਹਿੰਦਾ ਹੈ ॥੩॥
45657	1065	ਸੋ ਜਨੁ ਸਾਚਾ ਜਿ ਅੰਤਰੁ ਭਾਲੇ॥	ਭਾਲੇ	So Jan Saachaa J Anthar Bhaalae ||	That humble being, who searches within himself,	ਜਿਹੜਾ ਮਨੁੱਖ ਆਪਣੇ ਹਿਰਦੇ ਨੂੰ ਪੜਤਾਲਦਾ ਰਹਿੰਦਾ ਹੈ, ਉਹ ਮਨੁੱਖ (ਵਿਕਾਰਾਂ ਵਲੋਂ) ਅਡੋਲ ਜੀਵਨ ਵਾਲਾ ਬਣ ਜਾਂਦਾ ਹੈ।
45658	1065	ਗੁਰ ਕੈ ਸਬਦਿ ਹਰਿ ਨਦਰਿ ਨਿਹਾਲੇ॥		Gur Kai Sabadh Har Nadhar Nihaalae ||	Through the Word of the Guru's Shabad, sees the Lord with his eyes.	ਗੁਰੂ ਦੇ ਸ਼ਬਦ ਵਿਚ ਜੁੜਿਆਂ ਪਰਮਾਤਮਾ ਮਿਹਰ ਦੀ ਨਿਗਾਹ ਨਾਲ ਵੇਖਦਾ ਹੈ।

45659	1065	ਗਿਆਨ ਅੰਜਨੁ ਪਾਏ ਗੁਰ ਸਬਦੀ ਨਦਰੀ ਨਦਰਿ ਮਿਲਾਇਦਾ॥੪॥		Giaan Anjan Paaeae Gur Sabadhee Nadharee Nadhar Milaaeidhaa ||4||	Through the Guru's Shabad, he applies the ointment of spiritual wisdom to his eyes; the Gracious Lord, in His Grace, unites him with Himself. ||4||	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਆਤਮਕ ਜੀਵਨ ਦੀ ਸੂਝ ਦਾ ਸੁਰਮਾ ਵਰਤਦਾ ਹੈ, ਮਿਹਰ ਦਾ ਮਾਲਕ ਪਰਮਾਤਮਾ ਉਸ ਨੂੰ ਆਪਣੀ ਮਿਹਰ ਨਾਲ (ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈ ॥੪॥
45660	1065	ਵਡੈਭਾਗਿ ਇਹੁ ਸਰੀਰੁ ਪਾਇਆ॥		Vaddai Bhaag Eihu Sareer Paaeiaa ||	By great good fortune, I obtained this body;	ਇਹ ਮਨੁੱਖਾ ਸਰੀਰ ਬੜੀ ਕਿਸਮਤ ਨਾਲ ਮਿਲਦਾ ਹੈ,
45661	1065	ਮਾਣਸ ਜਨਮਿ ਸਬਦਿ ਚਿਤੁ ਲਾਇਆ॥		Maanas Janam Sabadh Chith Laaeiaa ||	In this human life, I have focused my consciousness on the Word of the Shabad.	(ਪਰ ਉਸੇ ਨੂੰ ਹੀ ਮਿਲਿਆ ਜਾਣੋ, ਜਿਸ ਨੇ) ਮਨੁੱਖਾ ਜਨਮ ਵਿਚ (ਆ ਕੇ) ਗੁਰੂ ਦੇ ਸ਼ਬਦ ਵਿਚ ਆਪਣਾ ਮਨ ਜੋੜਿਆ।
45662	1065	ਬਿਨੁ ਸਬਦੈ ਸਭੁ ਅੰਧ ਅੰਧੇਰਾ ਗੁਰਮੁਖਿ ਕਿਸਹਿ ਬੁਝਾਇਦਾ॥੫॥		Bin Sabadhai Sabh Andhh Andhhaeraa Guramukh Kisehi Bujhaaeidhaa ||5||	Without the Shabad, everything is enveloped in utter darkness; only the Gurmukh understands. ||5||	ਕਿਸੇ ਵਿਰਲੇ ਨੂੰ ਹੀ ਗੁਰੂ ਦੀ ਰਾਹੀਂ ਪਰਮਾਤਮਾ ਇਹ ਸਮਝ ਬਖ਼ਸ਼ਦਾ ਹੈ ਕਿ ਗੁਰੂ ਦੇ ਸ਼ਬਦ ਤੋਂ ਬਿਨਾ (ਜੀਵਨ-ਸਫ਼ਰ ਵਿਚ ਮਨੁੱਖ ਵਾਸਤੇ) ਹਰ ਥਾਂ ਘੁੱਪ ਹਨੇਰਾ ਹੈ ॥੫॥
45663	1065	ਇਕਿ ਕਿਤੁ ਆਏ ਜਨਮੁ ਗਵਾਏ॥		Eik Kith Aaeae Janam Gavaaeae ||	Some merely waste away their lives - why have they even come into the world?	ਕਈ ਮਨੁੱਖ ਮਨੁੱਖਾ ਜਨਮ ਗਵਾ ਕੇ ਜਗਤ ਵਿਚ ਵਿਅਰਥ ਹੀ ਆਏ (ਜਾਣੋ)
45664	1065	ਮਨਮੁਖ ਲਾਗੇ ਦੂਜੈ ਭਾਏ॥		Manamukh Laagae Dhoojai Bhaaeae ||	The self-willed manmukhs are attached to the love of duality.	ਕਿਉਂਕਿ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਉਹ ਬੰਦੇ ਮਾਇਆ ਦੇ ਪਿਆਰ ਵਿਚ ਹੀ ਲੱਗੇ ਰਹੇ।

45665	1065	ਏਹ ਵੇਲਾ ਫਿਰਿ ਹਾਥਿ ਨ ਆਵੈ ਪਗਿ ਖਿਸਿਐ ਪਛੁਤਾਇਦਾ॥੬॥		Eaeh Vaelaa Fir Haathh N Aavai Pag Khisiai Pashhuthaaeidhaa ||6||	This opportunity shall not into their hands again; their foot slips, and they come to regret and repent. ||6||	ਮਨੁੱਖਾ ਜਨਮ ਵਾਲਾ ਇਹ ਸਮਾ ਫਿਰ ਨਹੀਂ ਮਿਲਦਾ (ਇਸ ਨੂੰ ਵਿਕਾਰਾਂ ਵਿਚ ਗਵਾ ਕੇ) ਮੌਤ ਆਉਣ ਤੇ ਮਨੁੱਖ ਪਛੁਤਾਂਦਾ ਹੈ ॥੬॥
45666	1065	ਗੁਰ ਕੈ ਸਬਦਿ ਪਵਿਤ੍ਰੁ ਸਰੀਰਾ॥		Gur Kai Sabadh Pavithra Sareeraa ||	Through the Word of the Guru's Shabad, the body is sanctified.	ਗੁਰੂ ਦੇ ਸ਼ਬਦ ਵਿਚ ਜੁੜ ਕੇ (ਜਿਸ ਮਨੁੱਖ ਦਾ) ਸਰੀਰ (ਵਿਕਾਰਾਂ ਵਲੋਂ) ਪਵਿੱਤਰ ਰਹਿੰਦਾ ਹੈ,
45667	1065	ਤਿਸੁ ਵਿਚਿ ਵਸੈ ਸਚੁ ਗੁਣੀ ਗਹੀਰਾ॥		This Vich Vasai Sach Gunee Geheeraa ||	The True Lord, the ocean of virtue, dwells within it.	ਉਸ ਮਨੁੱਖ ਦੇ ਇਸ ਸਰੀਰ ਵਿਚ ਉਹ ਪਰਮਾਤਮਾ ਆ ਵੱਸਦਾ ਹੈ ਜੋ ਸਦਾ ਕਾਇਮ ਰਹਿਣ ਵਾਲਾ ਹੈ ਜੋ ਸਾਰੇ ਗੁਣਾਂ ਦਾ ਮਾਲਕ ਹੈ ਅਤੇ ਜੋ ਵੱਡੇ ਜਿਗਰੇ ਵਾਲਾ ਹੈ।
45668	1065	ਸਚੋ ਸਚੁ ਵੇਖੈ ਸਭ ਥਾਈ ਸਚੁ ਸੁਣਿ ਮੰਨਿ ਵਸਾਇਦਾ॥੭॥	ਥਾਂਈਂ	Sacho Sach Vaekhai Sabh Thhaaee Sach Sun Mann Vasaaeidhaa ||7||	One who sees the Truest of the True everywhere, hears the Truth, and enshrines it within his mind. ||7||	ਉਹ ਮਨੁੱਖ (ਫਿਰ) ਹਰ ਥਾਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਨੂੰ ਹੀ ਵੇਖਦਾ ਹੈ, ਸਦਾ-ਥਿਰ ਹਰਿ-ਨਾਮ ਨੂੰ ਸੁਣ ਕੇ ਆਪਣੇ ਮਨ ਵਿਚ ਵਸਾਈ ਰੱਖਦਾ ਹੈ ॥੭॥
45669	1065	ਹਉਮੈ ਗਣਤ ਗੁਰ ਸਬਦਿ ਨਿਵਾਰੇ॥		Houmai Ganath Gur Sabadh Nivaarae ||	Egotism and mental calculations are relieved through the Word of the Guru's Shabad.	ਹਉਮੈ ਦੀਆਂ ਗਿਣਤੀਆਂ (ਮਨੁੱਖ) ਗੁਰੂ ਦੇ ਸ਼ਬਦ ਦੀ ਰਾਹੀਂ (ਹੀ) ਦੂਰ ਕਰ ਸਕਦਾ ਹੈ।

45670	1065	ਹਰਿ ਜੀਉ ਹਿਰਦੈ ਰਖਹੁ ਉਰ ਧਾਰੇ॥		Har Jeeo Hiradhai Rakhahu Our Dhhaarae ||	Keep the Dear Lord close, and enshrine Him in your heart.	(ਤਾਂ ਤੇ, ਗੁਰੂ ਦੇ ਸ਼ਬਦ ਦੀ ਰਾਹੀਂ) ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖੋ।
45671	1065	ਗੁਰ ਕੈ ਸਬਦਿ ਸਦਾ ਸਾਲਾਹੇ ਮਿਲਿ ਸਾਚੇ ਸੁਖੁ ਪਾਇਦਾ॥੮॥		Gur Kai Sabadh Sadhaa Saalaahae Mil Saachae Sukh Paaeidhaa ||8||	One who praises the Lord forever, through the Guru's Shabad, meets with the True Lord, and finds peace. ||8||	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹੈ, ਉਹ ਸਦਾ-ਥਿਰ ਪ੍ਰਭੂ ਵਿਚ ਜੁੜ ਕੇ ਆਤਮਕ ਆਨੰਦ ਮਾਣਦਾ ਹੈ ॥੮॥
45672	1065	ਸੋ ਚੇਤੇ ਜਿਸੁ ਆਪਿ ਚੇਤਾਏ॥		So Chaethae Jis Aap Chaethaaeae ||	He alone remembers the Lord, whom the Lord inspires to remember.	ਪਰਮਾਤਮਾ ਦਾ ਨਾਮ ਉਹ ਮਨੁੱਖ (ਹੀ) ਸਿਮਰਦਾ ਹੈ ਜਿਸ ਨੂੰ ਪਰਮਾਤਮਾ ਆਪ ਸਿਮਰਨ ਦੀ ਪ੍ਰੇਰਨਾ ਕਰਦਾ ਹੈ।
45673	1065	ਗੁਰ ਕੈ ਸਬਦਿ ਵਸੈ ਮਨਿ ਆਏ॥		Gur Kai Sabadh Vasai Man Aaeae ||	Through the Word of the Guru's Shabad, He comes to dwell in the mind.	ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਉਸ ਦੇ ਮਨ ਵਿਚ ਵੱਸਦਾ ਹੈ।
45674	1065	ਆਪੇ ਵੇਖੈ ਆਪੇ ਬੂਝੈ ਆਪੈ ਆਪੁ ਸਮਾਇਦਾ॥੯॥		Aapae Vaekhai Aapae Boojhai Aapai Aap Samaaeidhaa ||9||	He Himself sees, and He Himself understands; He merges all into Himself. ||9||	(ਹਰੇਕ ਵਿਚ ਵਿਆਪਕ ਪਰਮਾਤਮਾ) ਆਪ ਹੀ (ਉਸ ਮਨੁੱਖ ਦੇ ਹਰੇਕ ਕੰਮ ਨੂੰ) ਵੇਖਦਾ ਹੈ, ਆਪ ਹੀ (ਉਸ ਦੇ ਦਿਲ ਦੀ) ਸਮਝਦਾ ਹੈ, ਅਤੇ (ਆਪ ਹੀ ਉਸ ਮਨੁੱਖ ਵਿਚ ਵੱਸਦਾ ਹੋਇਆ) ਆਪਣੇ ਆਪ ਨੂੰ ਆਪਣੇ ਆਪੇ ਵਿਚ ਲੀਨ ਕਰਦਾ ਹੈ ॥੯॥

45675	1065	ਜਿਨਿ ਮਨ ਵਿਚਿ ਵਥੁ ਪਾਈ ਸੋਈ ਜਾਣੈ॥		Jin Man Vich Vathh Paaee Soee Jaanai ||	He alone knows, who has placed the object within his mind.	(ਪਰਮਾਤਮਾ ਦੀ ਕਿਰਪਾ ਨਾਲ) ਜਿਸ (ਮਨੁੱਖ) ਨੇ ਪਰਮਾਤਮਾ ਦਾ ਨਾਮ-ਪਦਾਰਥ (ਆਪਣੇ) ਮਨ ਵਿਚ ਲੱਭ ਲਿਆ, ਉਹ ਹੀ (ਉਸ ਦੀ ਕਦਰ) ਸਮਝਦਾ ਹੈ।
45676	1065	ਗੁਰ ਕੈ ਸਬਦੇ ਆਪੁ ਪਛਾਣੈ॥		Gur Kai Sabadhae Aap Pashhaanai ||	Through the Word of the Guru's Shabad, he comes to understand himself.	ਗੁਰੂ ਦੇ ਸ਼ਬਦ ਦੀ ਰਾਹੀਂ (ਉਹ ਮਨੁੱਖ) ਆਪਣੇ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ।
45677	1065	ਆਪੁ ਪਛਾਣੈ ਸੋਈ ਜਨੁ ਨਿਰਮਲੁ ਬਾਣੀ ਸਬਦੁ ਸੁਣਾਇਦਾ॥੧੦॥		Aap Pashhaanai Soee Jan Niramal Baanee Sabadh Sunaaeidhaa ||10||	That humble being who understands himself is immaculate. He proclaims the Guru's Bani, and the Word of the Shabad. ||10||	(ਜਿਹੜਾ ਮਨੁੱਖ) ਆਪਣੇ ਜੀਵਨ ਨੂੰ ਪੜਤਾਲਦਾ ਹੈ ਉਹੀ ਮਨੁੱਖ ਜੀਵਨ ਵਾਲਾ ਹੋ ਜਾਂਦਾ ਹੈ, (ਉਹ ਫਿਰ ਹੋਰਨਾਂ ਨੂੰ ਭੀ) ਸਿਫ਼ਤ-ਸਾਲਾਹ ਦੀ ਬਾਣੀ ਗੁਰੂ ਦਾ ਸ਼ਬਦ ਸੁਣਾਂਦਾ ਹੈ ॥੧੦॥
45678	1065	ਏਹ ਕਾਇਆ ਪਵਿਤੁ ਹੈ ਸਰੀਰੁ॥		Eaeh Kaaeiaa Pavith Hai Sareer ||	This body is sanctified and purified;	ਉਸ ਮਨੁੱਖ ਦਾ ਇਹ ਸਰੀਰ (ਵਿਕਾਰਾਂ ਤੋਂ ਬਚ ਕੇ) ਪਵਿੱਤਰ ਹੋ ਜਾਂਦਾ ਹੈ,
45679	1065	ਗੁਰ ਸਬਦੀ ਚੇਤੈ ਗੁਣੀ ਗਹੀਰੁ॥		Gur Sabadhee Chaethai Gunee Geheer ||	Through the Word of the Guru's Shabad, it contemplates the Lord, the ocean of virtue.	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਗੁਣਾਂ ਦੇ ਮਾਲਕ ਡੂੰਘੇ ਜਿਗਰੇ ਵਾਲੇ ਪਰਮਾਤਮਾ ਨੂੰ ਸਿਮਰਦਾ ਹੈ।

45680	1065	ਅਨ ਦਿਨੁ ਗੁਣ ਗਾਵੈ ਰੰਗਿ ਰਾਤਾ ਗੁਣ ਕਹਿ ਗੁਣੀ ਸਮਾਇਦਾ॥੧੧॥		Anadhin Gun Gaavai Rang Raathaa Gun Kehi Gunee Samaaeidhaa ||11||	One who chants the Glorious Praises of the Lord night and day, and remains attuned to His Love, chants His Glorious Virtues, immersed in the Glorious Lord. ||11||	ਉਹ ਮਨੁੱਖ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੀਜ ਕੇ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦਾ ਹੈ। ਪਰਮਾਤਮਾ ਦੇ ਗੁਣ ਉਚਾਰ ਕੇ ਉਹ ਗੁਣਾਂ ਦੇ ਮਾਲਕ ਪ੍ਰਭੂ ਵਿਚ ਲੀਨ ਹੋ ਜਾਂਦਾ ਹੈ ॥੧੧॥
45681	1065	ਏਹੁ ਸਰੀਰੁ ਸਭ ਮੂਲੁ ਹੈ ਮਾਇਆ॥		Eaehu Sareer Sabh Mool Hai Maaeiaa ||	This body is the source of all Maya;	ਪਰ ਉਸ ਮਨੁੱਖ ਦਾ ਇਹ ਸਰੀਰ ਨਿਰਾ ਮਾਇਆ ਦੇ ਮੋਹ ਦਾ ਕਾਰਨ ਬਣ ਜਾਂਦਾ ਹੈ,
45682	1065	ਦੂਜੈ ਭਾਇ ਭਰਮਿ ਭੁਲਾਇਆ॥		Dhoojai Bhaae Bharam Bhulaaeiaa ||	In love with duality, it is deluded by doubt.	ਜਿਹੜਾ ਮਨੁੱਖ (ਪਰਮਾਤਮਾ ਨੂੰ ਛੱਡ ਕੇ) ਹੋਰ ਹੋਰ ਪਿਆਰ ਵਿਚ ਫਸਦਾ ਹੈ, ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ।
45683	1065	ਹਰਿ ਨ ਚੇਤੈ ਸਦਾ ਦੁਖੁ ਪਾਏ ਬਿਨੁ ਹਰਿ ਚੇਤੇ ਦੁਖੁ ਪਾਇਦਾ॥੧੨॥		Har N Chaethai Sadhaa Dhukh Paaeae Bin Har Chaethae Dhukh Paaeidhaa ||12||	It does not remember the Lord, and suffers in eternal pain. Without remembering the Lord, it suffers in pain. ||12||	ਜਿਹੜਾ ਮਨੁੱਖ ਪਰਮਾਤਮਾ ਦਾ ਨਾਮ ਨਹੀਂ ਸਿਮਰਦਾ, ਉਹ ਸਦਾ ਦੁੱਖ ਪਾਂਦਾ ਹੈ, (ਇਹ ਪੱਕੀ ਗੱਲ ਹੈ ਕਿ) ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ ਮਨੁੱਖ ਦੁੱਖ ਪਾਂਦਾ ਹੈ ॥੧੨॥
45684	1065	ਜਿ ਸਤਿਗੁਰੁ ਸੇਵੇ ਸੋ ਪਰਵਾਣੁ॥		J Sathigur Saevae So Paravaan ||	One who serves the True Guru is approved and respected.	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ (ਲੋਕ ਪਰਲੋਕ ਵਿਚ) ਆਦਰ-ਜੋਗ ਹੋ ਜਾਂਦਾ ਹੈ।

45685	1065	ਕਾਇਆ ਹੰਸੁ ਨਿਰਮਲੁ ਦਰਿ ਸਚੈ ਜਾਣੁ॥		Kaaeiaa Hans Niramal Dhar Sachai Jaan ||	His body and soul-swan are immaculate and pure; in the Court of the Lord, he is known to be true.	ਉਸ ਦਾ ਸਰੀਰ (ਵਿਕਾਰਾਂ ਵਲੋਂ) ਪਵਿੱਤਰ ਰਹਿੰਦਾ ਹੈ, ਉਸ ਦੀ ਆਤਮਾ ਪਵਿੱਤਰ ਰਹਿੰਦੀ ਹੈ। ਸਦਾ-ਥਿਰ ਪਰਮਾਤਮਾ ਦੇ ਦਰ ਤੇ ਉਹ ਜਾਣੂ-ਪਛਾਣੂ ਹੋ ਜਾਂਦਾ ਹੈ (ਸਤਕਾਰ ਪ੍ਰਾਪਤ ਕਰਦਾ ਹੈ)।
45686	1065	ਹਰਿ ਸੇਵੇ ਹਰਿ ਮੰਨਿ ਵਸਾਏ ਸੋਹੈ ਹਰਿ ਗੁਣ ਗਾਇਦਾ॥੧੩॥		Har Saevae Har Mann Vasaaeae Sohai Har Gun Gaaeidhaa ||13||	He serves the Lord, and enshrines the Lord in his mind; he is exalted, singing the Glorious Praises of the Lord. ||13||	ਉਹ ਮਨੁੱਖ ਪਰਮਾਤਮਾ ਦੀ ਸੇਵਾ-ਭਗਤੀ ਕਰਦਾ ਹੈ, ਪਰਮਾਤਮਾ ਨੂੰ ਮਨ ਵਿਚ ਵਸਾਈ ਰੱਖਦਾ ਹੈ, ਪਰਮਾਤਮਾ ਦੇ ਗੁਣ ਗਾਂਦਾ ਸੋਹਣੇ ਜੀਵਨ ਵਾਲਾ ਬਣ ਜਾਂਦਾ ਹੈ ॥੧੩॥
45687	1065	ਬਿਨੁ ਭਾਗਾ ਗੁਰੁ ਸੇਵਿਆ ਨ ਜਾਇ॥		Bin Bhaagaa Gur Saeviaa N Jaae ||	Without good destiny, no one can serve the True Guru.	ਪਰ, ਕਿਸਮਤ ਤੋਂ ਬਿਨਾ ਗੁਰੂ ਦੀ ਸਰਨ ਨਹੀਂ ਪਿਆ ਜਾ ਸਕਦਾ।
45688	1065	ਮਨਮੁਖ ਭੂਲੇ ਮੁਏ ਬਿਲਲਾਇ॥		Manamukh Bhoolae Mueae Bilalaae ||	The self-willed manmukhs are deluded, and die weeping and wailing.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਕੁਰਾਹੇ ਪਏ ਰਹਿੰਦੇ ਹਨ, ਬੜੇ ਦੁੱਖੀ ਹੋ ਹੋ ਕੇ ਆਤਮਕ ਮੌਤ ਸਹੇੜੀ ਰੱਖਦੇ ਹਨ।
45689	1065	ਜਿਨ ਕਉ ਨਦਰਿ ਹੋਵੈ ਗੁਰ ਕੇਰੀ ਹਰਿ ਜੀਉ ਆਪਿ ਮਿਲਾਇਦਾ॥੧੪॥		Jin Ko Nadhar Hovai Gur Kaeree Har Jeeo Aap Milaaeidhaa ||14||	Those who are blessed by the Guru's Glance of Grace - the Dear Lord unites them with Himself. ||14||	ਜਿਨ੍ਹਾਂ ਮਨੁੱਖਾਂ ਉਤੇ ਗੁਰੂ ਦੀ ਮਿਹਰ ਦੀ ਨਿਗਾਹ ਹੁੰਦੀ ਹੈ, ਉਹਨਾਂ ਨੂੰ ਪਰਮਾਤਮਾ ਆਪਣੇ (ਚਰਨਾਂ) ਵਿਚ ਜੋੜ ਲੈਂਦਾ ਹੈ ॥੧੪॥

45690	1065	ਕਾਇਆ ਕੋਟੁ ਪਕੇ ਹਟਨਾਲੇ॥		Kaaeiaa Kott Pakae Hattanaalae ||	In the body fortress, are the solidly-constructed markets.	(ਉਸ ਮਨੁੱਖ ਦਾ) ਸਰੀਰ (ਇਕ ਐਸਾ) ਕਿਲ੍ਹਾ (ਬਣ ਜਾਂਦਾ) ਹੈ (ਜਿਸ ਦੇ) ਬਾਜ਼ਾਰ (ਗਿਆਨ-ਇੰਦ੍ਰੇ ਵਿਕਾਰਾਂ ਦੇ ਮੁਕਾਬਲੇ ਤੇ) ਅਡੋਲ (ਹੋ ਜਾਂਦੇ) ਹਨ,
45691	1065	ਗੁਰਮੁਖਿ ਲੇਵੈ ਵਸਤੁ ਸਮਾਲੇ॥		Guramukh Laevai Vasath Samaalae ||	The Gurmukh purchases the object, and takes care of it.	ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੋ ਕੇ (ਆਪਣੇ ਅੰਦਰ) ਨਾਮ-ਪਦਾਰਥ ਸਾਂਭ ਲੈਂਦਾ ਹੈ।
45692	1065	ਹਰਿ ਕਾ ਨਾਮੁ ਧਿਆਇ ਦਿਨੁ ਰਾਤੀ ਊਤਮ ਪਦਵੀ ਪਾਇਦਾ॥੧੫॥		Har Kaa Naam Dhhiaae Dhin Raathee Ootham Padhavee Paaeidhaa ||15||	Meditating on the Name of the Lord, day and night, he attains the sublime, exalted status. ||15||	ਉਹ ਮਨੁੱਖ ਦਿਨ ਰਾਤ ਪਰਮਾਤਮਾ ਦਾ ਨਾਮ ਸਿਮਰ ਕੇ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ ॥੧੫॥
45693	1065	ਆਪੇ ਸਚਾ ਹੈ ਸੁਖਦਾਤਾ॥		Aapae Sachaa Hai Sukhadhaathaa ||	The True Lord Himself is the Giver of peace.	ਹੇ ਨਾਨਕ! ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪ ਹੀ (ਸਾਰੇ) ਸੁਖ ਦੇਣ ਵਾਲਾ ਹੈ।
45694	1065	ਪੂਰੇ ਗੁਰ ਕੈ ਸਬਦਿ ਪਛਾਤਾ॥		Poorae Gur Kai Sabadh Pashhaathaa ||	Through the Shabad of the Perfect Guru, He is realized.	ਪੂਰੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਨਾਲ ਸਾਂਝ ਪਾਈ ਜਾ ਸਕਦੀ ਹੈ।

45695	1065	ਨਾਨਕ ਨਾਮੁ ਸਲਾਹੇ ਸਾਚਾ ਪੂਰੈ ਭਾਗਿ ਕੋ ਪਾਇਦਾ॥੧੬॥੭॥੨੧॥		Naanak Naam Salaahae Saachaa Poorai Bhaag Ko Paaeidhaa ||16||7||21||	Nanak praises the Naam, the True Name of the Lord; through perfect destiny, He is found. ||16||7||21||	ਪੂਰੀ ਕਿਸਮਤ ਨਾਲ ਮਨੁੱਖ ਇਹ ਦਾਤ ਪ੍ਰਾਪਤ ਕਰਦਾ ਹੈ ਕਿ ਸਦਾ-ਥਿਰ ਹਰਿ-ਨਾਮ ਦੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹੈ ॥੧੬॥੭॥੨੧॥
45696	1066	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
45697	1066	ਨਿਰੰਕਾਰਿ ਆਕਾਰੁ ਉਪਾਇਆ॥		Nirankaar Aakaar Oupaaeiaa ||	The Formless Lord created the universe of form.	ਆਕਾਰ-ਰਹਿਤ ਪਰਮਾਤਮਾ ਨੇ (ਆਪਣੇ ਆਪ ਤੋਂ ਪਹਿਲਾਂ) ਇਹ ਦਿੱਸਦਾ ਜਗਤ ਪੈਦਾ ਕੀਤਾ,
45698	1066	ਮਾਇਆ ਮੋਹੁ ਹੁਕਮਿ ਬਣਾਇਆ॥		Maaeiaa Mohu Hukam Banaaeiaa ||	By the Hukam of His Command, He created attachment to Maya.	ਮਾਇਆ ਦਾ ਮੋਹ ਭੀ ਉਸ ਨੇ ਆਪਣੇ ਹੁਕਮ ਵਿਚ ਹੀ ਬਣਾ ਦਿੱਤਾ।
45699	1066	ਆਪੇ ਖੇਲ ਕਰੇ ਸਭਿ ਕਰਤਾ ਸੁਣਿ ਸਾਚਾ ਮੰਨਿ ਵਸਾਇਦਾ॥੧॥		Aapae Khael Karae Sabh Karathaa Sun Saachaa Mann Vasaaeidhaa ||1||	The Creator Himself stages all the plays; hearing of the True Lord, enshrine Him in your mind. ||1||	ਜਿਹੜਾ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਨਾਮ (ਗੁਰੂ ਪਾਸੋਂ) ਸੁਣ ਕੇ (ਆਪਣੇ) ਮਨ ਵਿਚ ਵਸਾਂਦਾ ਹੈ (ਉਸ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ) ਕਰਤਾਰ ਆਪ ਹੀ ਇਹ ਸਾਰੇ ਖੇਲ ਕਰ ਰਿਹਾ ਹੈ ॥੧॥

45700	1066	ਮਾਇਆ ਮਾਈ ਤ੍ਰै ਗੁਣ ਪਰਸੂਤਿ ਜਮਾਇਆ॥		Maaeiaa Maaee Thrai Gun Parasooth Jamaaeiaa ||	Maya, the mother, gave birth to the three gunas, the three qualities,	(ਹਰਿ-ਨਾਮ ਨੂੰ ਆਪਣੇ ਮਨ ਵਿਚ ਵਸਾਣ ਵਾਲਾ ਮਨੁੱਖ ਇਹ ਨਿਸ਼ਚਾ ਰੱਖਦਾ ਹੈ ਕਿ) (ਜਗਤ ਦੀ) ਮਾਂ ਮਾਇਆ ਤੋਂ (ਜਗਤ ਦੇ ਪਿਤਾ ਪਰਮਾਤਮਾ ਨੇ ਸਾਰੇ) ਤ੍ਰੈਗੁਣੀ ਜੀਵ ਪੈਦਾ ਕੀਤੇ (ਬ੍ਰਹਮਾ ਸ਼ਿਵ ਆਦਿਕ ਭੀ ਉਸੇ ਨੇ ਪੈਦਾ ਕੀਤੇ),
45701	1066	ਚਾਰੇ ਬੇਦ ਬ੍ਰਹਮੇ ਨੋ ਫੁਰਮਾਇਆ॥		Chaarae Baedh Brehamae No Furamaaeiaa ||	And proclaimed the four Vedas to Brahma.	ਬ੍ਰਹਮਾ ਨੂੰ ਉਸ ਨੇ ਚਾਰੇ ਵੇਦ (ਰਚਣ ਲਈ) ਹੁਕਮ ਕੀਤਾ।
45702	1066	ਵਰ੍ਹੇ ਮਾਹ ਵਾਰ ਥਿਤੀ ਕਰਿ ਇਸੁ ਜਗ ਮਹਿ ਸੋਝੀ ਪਾਇਦਾ॥੨॥	ਥਿੱਤੀ, ਜੱਗ	Varhae Maah Vaar Thhithee Kar Eis Jag Mehi Sojhee Paaeidhaa ||2||	Creating the years, months, days and dates, He infused intelligence into the world. ||2||	ਵਰ੍ਹੇ ਮਹੀਨੇ ਵਾਰ ਥਿੱਤਾਂ (ਆਦਿਕ) ਬਣਾ ਕੇ ਇਸ ਜਗਤ ਵਿਚ (ਸਮੇ ਆਦਿਕ ਦੀ) ਸੂਝ ਭੀ ਉਹ ਪਰਮਾਤਮਾ ਹੀ ਪੈਦਾ ਕਰਨ ਵਾਲਾ ਹੈ ॥੨॥
45703	1066	ਗੁਰ ਸੇਵਾ ਤੇ ਕਰਣੀ ਸਾਰ॥		Gur Saevaa Thae Karanee Saar ||	Service to the Guru is the most excellent action.	(ਪਰਮਾਤਮਾ ਦੀ ਮਿਹਰ ਨਾਲ ਜਿਸ ਨੂੰ ਗੁਰੂ ਮਿਲ ਪਿਆ) ਗੁਰੂ ਦੀ ਸਰਨ ਪੈਣ ਤੋਂ ਉਸ ਨੂੰ ਇਹ ਸ੍ਰੇਸ਼ਟ ਕਰਨ-ਜੋਗ ਕੰਮ ਮਿਲ ਗਿਆ,
45704	1066	ਰਾਮ ਨਾਮੁ ਰਾਖਹੁ ਉਰਿ ਧਾਰ॥		Raam Naam Raakhahu Our Dhhaar ||	Enshrine the Lord's Name within your heart.	ਕਿ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖੋ।

45705	1066	ਗੁਰਬਾਣੀ ਵਰਤੀ ਜਗ ਅੰਤਰਿ ਇਸੁ ਬਾਣੀ ਤੇ ਹਰਿ ਨਾਮੁ ਪਾਇਦਾ॥੩॥		Gurabaanee Varathee Jag Anthar Eis Baanee Thae Har Naam Paaeidhaa ||3||	The Word of the Guru's Bani prevails throughout the world; through this Bani, the Lord's Name is obtained. ||3||	ਸੋ, ਇਸ ਜਗਤ ਵਿਚ (ਜਿਸ ਮਨੁੱਖ ਦੇ ਹਿਰਦੇ ਵਿਚ) ਗੁਰੂ ਦੀ ਬਾਣੀ ਆ ਵੱਸਦੀ ਹੈ, ਉਹ ਇਸ ਬਾਣੀ ਦੀ ਬਰਕਤ ਨਾਲ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲੈਂਦਾ ਹੈ ॥੩॥
45706	1066	ਵੇਦੁ ਪੜੈ ਅਨ ਦਿਨੁ ਵਾਦ ਸਮਾਲੇ॥		Vaedh Parrai Anadhin Vaadh Samaalae ||	He reads the Vedas, but he starts arguments night and day.	(ਪਰ, ਜਿਹੜਾ ਮਨੁੱਖ ਗੁਰੂ ਦੀ ਸਰਨ ਤੋਂ ਵਾਂਜਿਆਂ ਰਹਿ ਕੇ ਵੇਦ (ਆਦਿਕ ਹੀ) ਪੜ੍ਹਦਾ ਹੈ, ਤੇ, ਹਰ ਵੇਲੇ ਚਰਚਾ ਆਦਿਕ ਹੀ ਕਰਦਾ ਹੈ,
45707	1066	ਨਾਮੁ ਨ ਚੇਤੈ ਬਧਾ ਜਮਕਾਲੇ॥		Naam N Chaethai Badhhaa Jamakaalae ||	He does not remember the Naam, the Name of the Lord; he is bound and gagged by the Messenger of Death.	ਪਰਮਾਤਮਾ ਦਾ ਨਾਮ ਸਿਮਰਦਾ ਨਹੀਂ ਉਹ ਆਤਮਕ ਮੌਤ ਦੇ ਬੰਧਨਾਂ ਵਿਚ ਬੱਝਾ ਰਹਿੰਦਾ ਹੈ।
45708	1066	ਦੂਜੈ ਭਾਇ ਸਦਾ ਦੁਖੁ ਪਾਏ ਤ੍ਰੈ ਗੁਣ ਭਰਮਿ ਭੁਲਾਇਦਾ॥੪॥		Dhoojai Bhaae Sadhaa Dhukh Paaeae Thrai Gun Bharam Bhulaaeidhaa ||4||	In the love of duality, he suffers in pain forever; he is deluded by doubt, and confused by the three gunas. ||4||	ਹੋਰ ਹੋਰ ਪਿਆਰ ਵਿਚ ਫਸ ਕੇ ਉਹ ਸਦਾ ਦੁੱਖ ਪਾਂਦਾ ਹੈ। ਮਾਇਆ ਦੇ ਤਿੰਨ ਗੁਣਾਂ ਦੀ ਭਟਕਣਾ ਵਿਚ ਪੈ ਕੇ ਉਹ ਜੀਵਨ ਦੇ ਗ਼ਲਤ ਰਸਤੇ ਤੇ ਪਿਆ ਰਹਿੰਦਾ ਹੈ ॥੪॥
45709	1066	ਗੁਰਮੁਖਿ ਏਕਸੁ ਸਿਉ ਲਿਵ ਲਾਏ॥		Guramukh Eaekas Sio Liv Laaeae ||	The Gurmukh is in love with the One Lord alone;	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਸਿਰਫ਼ ਪਰਮਾਤਮਾ ਨਾਲ ਪਿਆਰ ਪਾਂਦਾ ਹੈ,

45710	1066	ਤ੍ਰਿਬਿਧਿ ਮਨਸਾ ਮਨਹਿ ਸਮਾਏ॥		Thribidhh Manasaa Manehi Samaaeae ||	He submerges in his mind the three-phased desire.	(ਇਸ ਤਰ੍ਹਾਂ ਉਹ) ਮਾਇਆ ਦੇ ਤਿੰਨ ਗੁਣਾਂ ਦੇ ਕਾਰਨ ਪੈਦਾ ਹੋਣ ਵਾਲੇ ਫੁਰਨੇ ਨੂੰ ਆਪਣੇ ਮਨ ਦੇ ਵਿਚ ਹੀ ਮੁਕਾ ਦੇਂਦਾ ਹੈ।
45711	1066	ਸਾਚੈ ਸਬਦਿ ਸਦਾ ਹੈ ਮੁਕਤਾ ਮਾਇਆ ਮੋਹੁ ਚੁਕਾਇਦਾ॥੫॥		Saachai Sabadh Sadhaa Hai Mukathaa Maaeiaa Mohu Chukaaeidhaa ||5||	Through the True Word of the Shabad, he is liberated forever; he renounces emotional attachment to Maya. ||5||	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਦੀ ਬਰਕਤ ਨਾਲ ਉਹ ਮਨੁੱਖ (ਵਿਕਾਰਾਂ ਤੋਂ) ਸਦਾ ਬਚਿਆ ਰਹਿੰਦਾ ਹੈ, (ਉਹ ਆਪਣੇ ਅੰਦਰੋਂ) ਮਾਇਆ ਦਾ ਮੋਹ ਦੂਰ ਕਰ ਲੈਂਦਾ ਹੈ ॥੫॥
45712	1066	ਜੋ ਧੁਰਿ ਰਾਤੇ ਸੇ ਹੁਣਿ ਰਾਤੇ॥		Jo Dhhur Raathae Sae Hun Raathae ||	Those who are so pre-ordained to be imbued, are imbued with love for the Lord.	ਪਰ, ਇਸ ਮਨੁੱਖਾ ਜਨਮ ਵਿਚ ਉਹ ਮਨੁੱਖ ਹੀ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ ਜਿਹੜੇ (ਪਹਿਲੀ ਕੀਤੀ ਕਮਾਈ ਅਨੁਸਾਰ) ਧੁਰ ਦਰਗਾਹ ਤੋਂ ਰੰਗੇ ਹੋਏ ਹੁੰਦੇ ਹਨ।
45713	1066	ਗੁਰ ਪਰਸਾਦੀ ਸਹਜੇ ਮਾਤੇ॥	ਮਾੱਤੇ	Gur Parasaadhee Sehajae Maathae ||	By Guru's Grace, they are intuitively intoxicated.	ਉਹ ਗੁਰੂ ਦੀ ਕਿਰਪਾ ਨਾਲ ਆਤਮਕ ਅਡੋਲਤਾ ਵਿਚ ਮਸਤ ਰਹਿੰਦੇ ਹਨ।
45714	1066	ਸਤਿਗੁਰੁ ਸੇਵਿ ਸਦਾ ਪ੍ਰਭੁ ਪਾਇਆ ਆਪੈ ਆਪੁ ਮਿਲਾਇਦਾ॥੬॥		Sathigur Saev Sadhaa Prabh Paaeiaa Aapai Aap Milaaeidhaa ||6||	Serving the True Guru forever, they find God; He Himself unites them with Himself. ||6||	ਗੁਰੂ ਦੀ ਸਰਨ ਪੈ ਕੇ ਮਨੁੱਖ ਸਦਾ ਪ੍ਰਭੂ ਦਾ ਮਿਲਾਪ ਪ੍ਰਾਪਤ ਕਰੀ ਰੱਖਦਾ ਹੈ, ਉਹ ਆਪਣੇ ਆਪ ਨੂੰ (ਪ੍ਰਭੂ ਦੇ) ਆਪੇ ਵਿਚ ਮਿਲਾ ਲੈਂਦਾ ਹੈ ॥੬॥

45715	1066	ਮਾਇਆ ਮੋਹਿ ਭਰਮਿਨ ਪਾਏ॥	ਪਾਪ ਵਿਕਾਰ ਔਗੁਣਾਂ ਦੀ (ਭਰਮਿਨ) ਘੁੰਮਣਘੇਰੀ। (ਦੂਜਾ ਪਾਠ: ਭਰਮਿ ਨ)	Maaeiaa Mohi Bharam N Paaeae ||	In attachment to Maya and doubt, the Lord is not found.	ਮਾਇਆ ਦੇ ਮੋਹ ਵਿਚ, ਭਟਕਣਾ ਵਿਚ ਫਸਿਆ ਹੋਇਆ ਮਨੁੱਖ ਪਰਮਾਤਮਾ ਨੂੰ ਨਹੀਂ ਮਿਲ ਸਕਦਾ।
45716	1066	ਦੂਜੈ ਭਾਇ ਲਗਾ ਦੁਖੁ ਪਾਏ॥		Dhoojai Bhaae Lagaa Dhukh Paaeae ||	Attached to the love of duality, one suffers in pain.	ਹੋਰ ਹੋਰ ਪਿਆਰ ਵਿਚ ਲੱਗਾ ਹੋਇਆ ਮਨੁੱਖ ਦੁੱਖ (ਹੀ) ਸਹਾਰਦਾ ਹੈ।
45717	1066	ਸੂਹਾ ਰੰਗੁ ਦਿਨ ਥੋੜੇ ਹੋਵੈ ਇਸੁ ਜਾਦੇ ਬਿਲਮ ਨ ਲਾਇਦਾ॥੭॥		Soohaa Rang Dhin Thhorrae Hovai Eis Jaadhae Bilam N Laaeidhaa ||7||	The crimson color lasts for only a few days; all too soon, it fades away. ||7||	(ਕਸੁੰਭੇ ਦੇ ਰੰਗ ਵਾਂਗ ਮਾਇਆ ਦਾ) ਸ਼ੋਖ਼ ਰੰਗ ਥੋੜੇ ਦਿਨ ਹੀ ਰਹਿੰਦਾ ਹੈ, ਇਸ ਦੇ ਨਾਸ ਹੁੰਦਿਆਂ ਚਿਰ ਨਹੀਂ ਲੱਗਦਾ ॥੭॥
45718	1066	ਏਹੁ ਮਨੁ ਭੈ ਭਾਇ ਰੰਗਾਏ॥		Eaehu Man Bhai Bhaae Rangaaeae ||	So color this mind in the Fear and the Love of God.	ਜਿਹੜਾ ਮਨੁੱਖ (ਆਪਣੇ) ਇਸ ਮਨ ਨੂੰ ਪਰਮਾਤਮਾ ਦੇ ਡਰ-ਅਦਬ ਵਿਚ ਪਿਆਰ ਵਿਚ ਰੰਗਦਾ ਹੈ,
45719	1066	ਇਤੁ ਰੰਗਿ ਸਾਚੇ ਮਾਹਿ ਸਮਾਏ॥	ਚੜ੍ਹਾਇਦਾ	Eith Rang Saachae Maahi Samaaeae ||	Dyed in this color, one merges in the True Lord.	ਉਹ ਇਸ ਰੰਗ ਵਿਚ (ਰੰਗੀਜ ਕੇ) ਸਦਾ-ਥਿਰ ਪਰਮਾਤਮਾ ਵਿਚ ਲੀਨ ਰਹਿੰਦਾ ਹੈ।
45720	1066	ਪੂਰੈ ਭਾਗਿ ਕੋ ਇਹੁ ਰੰਗੁ ਪਾਏ ਗੁਰਮਤੀ ਰੰਗੁ ਚੜਾਇਦਾ॥੮॥		Poorai Bhaag Ko Eihu Rang Paaeae Guramathee Rang Charraaeidhaa ||8||	By perfect destiny, some may obtain this color. Through the Guru's Teachings, this color is applied. ||8||	ਪਰ ਕੋਈ ਵਿਰਲਾ ਮਨੁੱਖ ਵੱਡੀ ਕਿਸਮਤ ਨਾਲ ਇਹ ਪ੍ਰੇਮ-ਰੰਗ ਹਾਸਲ ਕਰਦਾ ਹੈ। ਉਹ ਗੁਰੂ ਦੀ ਮੱਤ ਉੱਤੇ ਤੁਰ ਕੇ ਇਹ ਰੰਗ (ਆਪਣੇ ਮਨ ਨੂੰ) ਚਾੜ੍ਹਦਾ ਹੈ ॥੮॥

45721	1066	ਮਨਮੁਖੁ ਬਹੁਤੁ ਕਰੇ ਅਭਿਮਾਨੁ॥		Manamukh Bahuth Karae Abhimaan ||	The self-willed manmukhs take great pride in themselves.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਬੜਾ ਅਹੰਕਾਰ ਕਰਦਾ ਹੈ,
45722	1066	ਦਰਗਹ ਕਬ ਹੀ ਨ ਪਾਵੈ ਮਾਨੁ॥		Dharageh Kab Hee N Paavai Maan ||	In the Court of the Lord, they are never honored.	ਪਰ ਉਹ ਪਰਮਾਤਮਾ ਦੀ ਹਜ਼ੂਰੀ ਵਿਚ ਕਦੇ ਭੀ ਆਦਰ ਨਹੀਂ ਪਾਂਦਾ।
45723	1066	ਦੂਜੈ ਲਾਗੇ ਜਨਮੁ ਗਵਾਇਆ ਬਿਨੁ ਬੂਝੇ ਦੁਖੁ ਪਾਇਦਾ॥੯॥		Dhoojai Laagae Janam Gavaaeiaa Bin Boojhae Dhukh Paaeidhaa ||9||	Attached to duality, they waste their lives; without understanding, they suffer in pain. ||9||	ਹੋਰ ਹੋਰ (ਮੋਹ) ਵਿਚ ਲੱਗ ਕੇ ਉਹ ਆਪਣਾ ਮਨੁੱਖਾ ਜਨਮ ਗੰਵਾ ਲੈਂਦਾ ਹੈ, ਸਹੀ ਜੀਵਨ ਦੀ ਸੂਝ ਤੋਂ ਬਿਨਾ ਉਹ ਸਦਾ ਦੁੱਖ ਪਾਂਦਾ ਹੈ ॥੯॥
45724	1066	ਮੇਰੈ ਪ੍ਰਭਿ ਅੰਦਰਿ ਆਪੁ ਲੁਕਾਇਆ॥		Maerai Prabh Andhar Aap Lukaaeiaa ||	My God has hidden Himself deep within the self.	ਮੇਰੇ ਪ੍ਰਭੂ ਨੇ ਆਪਣੇ ਆਪ ਨੂੰ (ਹਰੇਕ ਜੀਵ ਦੇ) ਅੰਦਰ ਗੁਪਤ ਰੱਖਿਆ ਹੋਇਆ ਹੈ,
45725	1066	ਗੁਰ ਪਰਸਾਦੀ ਹਰਿ ਮਿਲੈ ਮਿਲਾਇਆ॥		Gur Parasaadhee Har Milai Milaaeiaa ||	By Guru's Grace, one is united in the Lord's Union.	(ਫਿਰ ਭੀ) ਗੁਰੂ ਦੀ ਕਿਰਪਾ ਨਾਲ ਹੀ ਮਿਲਾਇਆ ਮਿਲਦਾ ਹੈ।

45726	1066	ਸਚਾ ਪ੍ਰਭੁ ਸਚਾ ਵਾਪਾਰਾ ਨਾਮੁ ਅਮੋਲਕੁ ਪਾਇਦਾ॥੧੦॥		Sachaa Prabh Sachaa Vaapaaraa Naam Amolak Paaeidhaa ||10||	God is True, and True is His trade, through which the priceless Naam is obtained. ||10||	(ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ ਇਹ ਸਮਝ ਲੈਂਦਾ ਹੈ ਕਿ) ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦਾ ਨਾਮ ਜਪਣਾ ਹੀ ਸਹੀ ਵਣਜ-ਵਪਾਰ ਹੈ। (ਗੁਰੂ ਦੀ ਕਿਰਪਾ ਨਾਲ ਉਹ) ਕੀਮਤੀ ਹਰਿ-ਨਾਮ ਪ੍ਰਾਪਤ ਕਰ ਲੈਂਦਾ ਹੈ ॥੧੦॥
45727	1066	ਇਸੁ ਕਾਇਆ ਕੀ ਕੀਮਤਿ ਕਿਨੈ ਨ ਪਾਈ॥		Eis Kaaeiaa Kee Keemath Kinai N Paaee ||	No one has found this body's value.	(ਆਪਣੀ ਅਕਲ ਦੇ ਆਸਰੇ) ਕਿਸੇ ਮਨੁੱਖ ਨੇ ਇਸ (ਮਨੁੱਖਾ) ਸਰੀਰ ਦੀ ਕਦਰ ਨਹੀਂ ਸਮਝੀ।
45728	1066	ਮੇਰੈ ਠਾਕੁਰਿ ਇਹ ਬਣਤ ਬਣਾਈ॥		Maerai Thaakur Eih Banath Banaaee ||	My Lord and Master has worked His handiwork.	ਮੇਰੇ ਮਾਲਕ-ਪ੍ਰਭੂ ਨੇ ਇਹੀ ਮਰਯਾਦਾ ਬਣਾ ਰੱਖੀ ਹੈ,
45729	1066	ਗੁਰਮੁਖਿ ਹੋਵੈ ਸੁ ਕਾਇਆ ਸੋਧੈ ਆਪਹਿ ਆਪੁ ਮਿਲਾਇਦਾ॥੧੧॥		Guramukh Hovai S Kaaeiaa Sodhhai Aapehi Aap Milaaeidhaa ||11||	One who becomes Gurmukh purifies his body, and then the Lord unites him with Himself. ||11||	ਕਿ ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਹ (ਆਪਣੇ) ਸਰੀਰ ਨੂੰ ਵਿਕਾਰਾਂ ਤੋਂ ਬਚਾਈ ਰੱਖਦਾ ਹੈ, ਅਤੇ ਆਪਾ-ਭਾਵ ਨੂੰ ਆਪਣੇ ਵਿਚ ਹੀ ਲੀਨ ਕਰ ਦੇਂਦਾ ਹੈ ॥੧੧॥

45730	1066	ਕਾਇਆ ਵਿਚਿ ਤੋਟਾ ਕਾਇਆ ਵਿਚਿ ਲਾਹਾ॥		Kaaeiaa Vich Thottaa Kaaeiaa Vich Laahaa ||	Within the body, one loses, and within the body, one wins.	(ਹਰਿ-ਨਾਮ ਤੋਂ ਖੁੰਝਿਆਂ) ਸਰੀਰ ਦੇ ਅੰਦਰ (ਆਤਮਕ ਜੀਵਨ ਦਾ) ਘਾਟਾ ਪੈਂਦਾ ਜਾਂਦਾ ਹੈ (ਨਾਮ ਵਿਚ ਜੁੜਿਆਂ) ਸਰੀਰ ਅੰਦਰ (ਆਤਮਕ ਜੀਵਨ ਦਾ) ਲਾਭ ਪ੍ਰਾਪਤ ਹੁੰਦਾ ਹੈ।
45731	1066	ਗੁਰਮੁਖਿ ਖੋਜੇ ਵੇਪਰਵਾਹਾ॥		Guramukh Khojae Vaeparavaahaa ||	The Gurmukh seeks the self-sustaining Lord.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਵੇਪਰਵਾਹ ਪ੍ਰਭੂ ਨੂੰ (ਆਪਣੇ ਸਰੀਰ ਵਿਚ) ਭਾਲਦਾ ਹੈ।
45732	1066	ਗੁਰਮੁਖਿ ਵਣਜਿ ਸਦਾ ਸੁਖੁ ਪਾਏ ਸਹਜੇ ਸਹਜਿ ਮਿਲਾਇਦਾ॥੧੨॥		Guramukh Vanaj Sadhaa Sukh Paaeae Sehajae Sehaj Milaaeidhaa ||12||	The Gurmukh trades, and finds peace forever; he intuitively merges in the Celestial Lord. ||12||	ਨਾਮ-ਵਣਜ ਕਰ ਕੇ ਉਹ ਸਦਾ ਸੁਖ ਮਾਣਦਾ ਹੈ, ਅਤੇ ਹਰ ਵੇਲੇ ਆਪਣੇ ਆਪ ਨੂੰ ਆਤਮਕ ਅਡੋਲਤਾ ਵਿਚ ਟਿਕਾਈ ਰੱਖਦਾ ਹੈ ॥੧੨॥
45733	1066	ਸਚਾ ਮਹਲੁ ਸਚੇ ਭੰਡਾਰਾ॥		Sachaa Mehal Sachae Bhanddaaraa ||	True is the Lord's Mansion, and True is His treasure.	ਪਰਮਾਤਮਾ ਦਾ ਟਿਕਾਣਾ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੇ ਖ਼ਜ਼ਾਨੇ (ਭੀ) ਸਦਾ ਕਾਇਮ ਰਹਿਣ ਵਾਲੇ ਹਨ।
45734	1066	ਆਪੇ ਦੇਵੈ ਦੇਵਣਹਾਰਾ॥		Aapae Dhaevai Dhaevanehaaraa ||	The Great Giver Himself gives.	ਸਭ ਕੁਝ ਦੇਣ ਦੀ ਸਮਰਥਾ ਵਾਲਾ ਪਰਮਾਤਮਾ ਆਪ ਹੀ (ਜੀਵਾਂ ਨੂੰ ਇਹ ਖ਼ਜ਼ਾਨੇ) ਦੇਂਦਾ ਹੈ।

45735	1066	ਗੁਰਮੁਖਿ ਸਾਲਾਹੇ ਸੁਖਦਾਤੇ ਮਨਿ ਮੇਲੇ ਕੀਮਤਿ ਪਾਇਦਾ॥੧੩॥		Guramukh Saalaahae Sukhadhaathae Man Maelae Keemath Paaeidhaa ||13||	The Gurmukh praises the Giver of peace; his mind is united with the Lord, and he comes to know His worth. ||13||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਸਾਰੇ ਸੁਖ ਦੇਣ ਵਾਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ, ਉਸ ਨੂੰ ਆਪਣੇ ਮਨ ਵਿਚ ਸਾਂਭ ਰੱਖਦਾ ਹੈ, ਉਸ (ਦੇ ਨਾਮ) ਦੀ ਕਦਰ ਸਮਝਦਾ ਹੈ ॥੧੩॥
45736	1066	ਕਾਇਆ ਵਿਚਿ ਵਸਤੁ ਕੀਮਤਿ ਨਹੀ ਪਾਈ॥		Kaaeiaa Vich Vasath Keemath Nehee Paaee ||	Within the body is the object; its value cannot be estimated.	ਮਨੁੱਖ ਦੇ ਸਰੀਰ ਦੇ ਵਿਚ ਹੀ ਨਾਮ-ਪਦਾਰਥ ਹੈ, ਪਰ ਮਨੁੱਖ ਇਸ ਦੀ ਕਦਰ ਨਹੀਂ ਸਮਝਦਾ।
45737	1066	ਗੁਰਮੁਖਿ ਆਪੇ ਦੇ ਵਡਿਆਈ॥		Guramukh Aapae Dhae Vaddiaaee ||	He Himself grants glorious greatness to the Gurmukh.	ਗੁਰੂ ਦੇ ਸਨਮੁਖ ਕਰ ਕੇ (ਪਰਮਾਤਮਾ) ਆਪ ਹੀ (ਆਪਣੇ ਨਾਮ ਦੀ ਕਦਰ ਕਰਨ ਦੀ) ਵਡਿਆਈ ਬਖ਼ਸ਼ਦਾ ਹੈ।
45738	1066	ਜਿਸ ਦਾ ਹਟੁ ਸੋਈ ਵਥੁ ਜਾਣੈ ਗੁਰਮੁਖਿ ਦੇਇ ਨ ਪਛੋਤਾਇਦਾ॥੧੪॥	ਹੱਟੁ, ਵੱਥੁ	Jis Dhaa Hatt Soee Vathh Jaanai Guramukh Dhaee N Pashhothaaeidhaa ||14||	He alone knows this object, to whom this store belongs; the Gurmukh is blessed with it, and does not come to regret. ||14||	ਇਸ ਪਰਮਾਤਮਾ ਦਾ (ਬਣਾਇਆ ਹੋਇਆ ਇਹ ਮਨੁੱਖਾ ਸਰੀਰ-) ਹੱਟ ਹੈ, ਉਹ (ਇਸ ਵਿਚ ਰਖੇ ਹੋਏ ਨਾਮ-) ਪਦਾਰਥ (ਦੀ ਕਦਰ) ਨੂੰ ਜਾਣਦਾ ਹੈ। (ਉਹ ਪ੍ਰਭੂ ਇਹ ਦਾਤਿ) ਗੁਰੂ ਦੀ ਰਾਹੀਂ ਦੇਂਦਾ ਹੈ, (ਦੇ ਕੇ) ਪਛੁਤਾਂਦਾ ਨਹੀਂ ॥੧੪॥

45739	1066	ਹਰਿ ਜੀਉ ਸਭ ਮਹਿ ਰਹਿਆ ਸਮਾਈ॥		Har Jeeo Sabh Mehi Rehiaa Samaaee ||	The Dear Lord is pervading and permeating all.	ਪਰਮਾਤਮਾ ਸਭ ਜੀਵਾਂ ਵਿਚ ਵਿਆਪਕ ਹੈ,
45740	1066	ਗੁਰ ਪਰਸਾਦੀ ਪਾਇਆ ਜਾਈ॥		Gur Parasaadhee Paaeiaa Jaaee ||	By Guru's Grace, He is found.	(ਪਰ ਉਹ) ਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
45741	1066	ਆਪੇ ਮੇਲਿ ਮਿਲਾਏ ਆਪੇ ਸਬਦੇ ਸਹਜਿ ਸਮਾਇਦਾ॥੧੫॥		Aapae Mael Milaaeae Aapae Sabadhae Sehaj Samaaeidhaa ||15||	He Himself unites in His Union; through the Word of the Shabad, one intuitively merges with Him. ||15||	ਉਹ ਆਪ ਹੀ (ਗੁਰੂ ਨਾਲ) ਮਿਲਾ ਕੇ (ਆਪਣੇ ਨਾਲ) ਮਿਲਾਂਦਾ ਹੈ। ਗੁਰੂ ਦੇ ਸ਼ਬਦ ਦੀ ਰਾਹੀਂ (ਪ੍ਰਭੂ ਜੀਵ ਨੂੰ) ਆਤਮਕ ਅਡੋਲਤਾ ਵਿਚ ਟਿਕਾਈ ਰੱਖਦਾ ਹੈ ॥੧੫॥
45742	1067	ਆਪੇ ਸਚਾ ਸਬਦਿ ਮਿਲਾਏ॥		Aapae Sachaa Sabadh Milaaeae ||	The True Lord Himself unites us in the Word of His Shabad.	ਸਦਾ-ਥਿਰ ਪ੍ਰਭੂ ਆਪ ਹੀ (ਮਨੁੱਖ ਨੂੰ ਗੁਰੂ ਦੇ) ਸ਼ਬਦ ਵਿਚ ਜੋੜਦਾ ਹੈ,
45743	1067	ਸਬਦੇ ਵਿਚਹੁ ਭਰਮੁ ਚੁਕਾਏ॥		Sabadhae Vichahu Bharam Chukaaeae ||	Within the Shabad, doubt is driven out.	ਸ਼ਬਦ ਦੀ ਰਾਹੀਂ ਹੀ (ਉਸ ਦੇ) ਅੰਦਰੋਂ ਭਟਕਣਾ ਦੂਰ ਕਰਦਾ ਹੈ।
45744	1067	ਨਾਨਕ ਨਾਮਿ ਮਿਲੈ ਵਡਿਆਈ ਨਾਮੇ ਹੀ ਸੁਖੁ ਪਾਇਦਾ॥੧੬॥੮॥੨੨॥		Naanak Naam Milai Vaddiaaee Naamae Hee Sukh Paaeidhaa ||16||8||22||	O Nanak, He blesses us with His Naam, and throgh the Naam, peace is found. ||16||8||22||	ਹੇ ਨਾਨਕ! ਹਰਿ-ਨਾਮ ਵਿਚ ਜੁੜਿਆਂ ਨੂੰ (ਲੋਕ ਪਰਲੋਕ ਦੀ) ਇੱਜ਼ਤ ਮਿਲਦੀ ਹੈ, ਨਾਮ ਦੀ ਰਾਹੀਂ ਹੀ (ਮਨੁੱਖ) ਆਤਮਕ ਆਨੰਦ ਮਾਣਦਾ ਹੈ ॥੧੬॥੮॥੨੨॥

45745	1067	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	
45746	1067	ਅਗਮ ਅਗੋਚਰ ਵੇਪਰਵਾਹੇ॥		Agam Agochar Vaeparavaahae ||	He is inaccessible, unfathomable and self-sustaining.	ਹੇ ਅਪਹੁੰਚ ਪ੍ਰਭੂ! ਹੇ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਰਹਿਣ ਵਾਲੇ ਪ੍ਰਭੂ! ਹੇ ਬੇ-ਮੁਥਾਜ ਪ੍ਰਭੂ!
45747	1067	ਆਪੇ ਮਿਹਰਵਾਨ ਅਗਮ ਅਥਾਹੇ॥		Aapae Miharavaan Agam Athhaahae ||	He Himself is merciful, inaccessible and unlimited.	ਹੇ (ਆਪਣੇ ਵਰਗੇ) ਆਪ ਹੀ ਆਪ! ਹੇ ਮਿਹਰਵਾਨ! ਹੇ ਅਪਹੁੰਚ! ਹੇ ਡੂੰਘੇ ਜਿਗਰੇ ਵਾਲੇ!
45748	1067	ਅਪੜਿ ਕੋਇ ਨ ਸਕੈ ਤਿਸਨੋ ਗੁਰ ਸਬਦੀ ਮੇਲਾਇਆ॥੧॥	ਅੱਪੜਿ। ਸਕੈ: ਪੋਲਾ ਬੋਲੋ	Aparr Koe N Sakai This No Gur Sabadhee Maelaaeiaa ||1||	No one can reach up to Him; through the Word of the Guru's Shabad, He is met. ||1||	ਜਿਸ ਮਨੁੱਖ ਨੂੰ ਤੂੰ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਨਾਲ ਮਿਲਾ ਲੈਂਦਾ ਹੈਂ, ਉਸ ਦੀ ਕੋਈ ਬਰਾਬਰੀ ਨਹੀਂ ਕਰ ਸਕਦਾ ॥੧॥
45749	1067	ਤੁਧੁਨੋ ਸੇਵਹਿ ਜੋ ਤੁਧੁ ਭਾਵਹਿ॥		Thudhhuno Saevehi Jo Thudhh Bhaavehi ||	He alone serves You, who pleases You.	ਹੇ ਪ੍ਰਭੂ! ਤੇਰੀ ਸੇਵਾ-ਭਗਤੀ ਉਹ ਮਨੁੱਖ ਕਰਦੇ ਹਨ ਜਿਹੜੇ ਤੈਨੂੰ ਪਿਆਰੇ ਲੱਗਦੇ ਹਨ।
45750	1067	ਗੁਰ ਕੈ ਸਬਦੇ ਸਚਿ ਸਮਾਵਹਿ॥		Gur Kai Sabadhae Sach Samaavehi ||	Through the Guru's Shabad, he merges in the True Lord.	ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਤੇਰੇ) ਸਦਾ-ਥਿਰ ਨਾਮ ਵਿਚ ਲੀਨ ਰਹਿੰਦੇ ਹਨ,

45751	1067	ਅਨਦਿਨੁ ਗੁਣ ਰਵਹਿ ਦਿਨੁ ਰਾਤੀ ਰਸਨਾ ਹਰਿ ਰਸੁ ਭਾਇਆ॥੨॥		Anadhin Gun Ravehi Dhin Raathee Rasanaa Har Ras Bhaaeiaa ||2||	Night and day, he chants the Lord's Praises, day and night; his tongue savors and delights in the sublime essence of the Lord. ||2||	ਹਰ ਵੇਲੇ ਦਿਨ ਰਾਤ ਉਹ ਤੇਰੇ ਗੁਣ ਗਾਂਦੇ ਹਨ। ਹੇ ਹਰੀ! ਉਹਨਾਂ ਦੀ ਜੀਭ ਨੂੰ ਤੇਰੇ ਨਾਮ-ਅੰਮ੍ਰਿਤ ਦਾ ਸੁਆਦ ਚੰਗਾ ਲੱਗਦਾ ਹੈ ॥੨॥
45752	1067	ਸਬਦਿ ਮਰਹਿ ਸੇ ਮਰਣੁ ਸਵਾਰਹਿ॥		Sabadh Marehi Sae Maran Savaarehi ||	Those who die in the Shabad - their death is exalted and glorified.	ਜਿਹੜੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਵਿਕਾਰਾਂ ਵਲੋਂ, ਆਪਾ-ਭਾਵ ਵਲੋਂ) ਮਰਦੇ ਹਨ, ਉਹ ਆਪਣੀ ਇਹ ਮੌਤ ਹੋਰਨਾਂ ਵਾਸਤੇ ਸੋਹਣੀ ਬਣਾ ਲੈਂਦੇ ਹਨ (ਭਾਵ, ਲੋਕਾਂ ਨੂੰ ਉਹਨਾਂ ਦਾ ਇਹ ਆਤਮਕ ਜੀਵਨ ਚੰਗਾ ਲੱਗਦਾ ਹੈ)।
45753	1067	ਹਰਿ ਕੇ ਗੁਣ ਹਿਰਦੈ ਉਰ ਧਾਰਹਿ॥		Har Kae Gun Hiradhai Our Dhhaarehi ||	They enshrine the Lord's Glories in their hearts.	ਉਹ ਮਨੁੱਖ ਆਪਣੇ ਹਿਰਦੇ ਵਿਚ ਪਰਮਾਤਮਾ ਦੇ ਗੁਣ ਟਿਕਾਈ ਰੱਖਦੇ ਹਨ।
45754	1067	ਜਨਮੁ ਸਫਲੁ ਹਰਿ ਚਰਣੀ ਲਾਗੇ ਦੂਜਾ ਭਾਉ ਚੁਕਾਇਆ॥੩॥		Janam Safal Har Charanee Laagae Dhoojaa Bhaao Chukaaeiaa ||3||	Holding tight to the Guru's feet, their lives becomes prosperous, and they are rid of the love of duality. ||3||	ਪਰਮਾਤਮਾ ਦੇ ਚਰਨਾਂ ਵਿਚ ਲੱਗ ਕੇ ਉਹ ਆਪਣਾ ਮਨੁੱਖਾ ਜਨਮ ਕਾਮਯਾਬ ਬਣਾ ਲੈਂਦੇ ਹਨ, ਉਹ (ਆਪਣੇ ਅੰਦਰੋਂ) ਮਾਇਆ ਦਾ ਪਿਆਰ ਮੁਕਾ ਲੈਂਦੇ ਹਨ ॥੩॥
45755	1067	ਹਰਿ ਜੀਉ ਮੇਲੇ ਆਪਿ ਮਿਲਾਏ॥		Har Jeeo Maelae Aap Milaaeae ||	The Dear Lord unites them in Union with Himself.	ਪਰਮਾਤਮਾ ਉਹਨਾਂ ਮਨੁੱਖਾਂ ਨੂੰ ਆਪ ਆਪਣੇ ਚਰਨਾਂ ਵਿਚ ਮਿਲਾ ਲੈਂਦਾ ਹੈ,

45756	1067	ਗੁਰ ਕੈ ਸਬਦੇ ਆਪੁ ਗਵਾਏ॥		Gur Kai Sabadhae Aap Gavaaeae ||	Through the Guru's Shabad, self-conceit is dispelled.	ਜਿਹੜੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰਦੇ ਹਨ।
45757	1067	ਅਨ ਦਿਨੁ ਸਦਾ ਹਰਿ ਭਗਤੀ ਰਾਤੇ ਇਸੁ ਜਗ ਮਹਿ ਲਾਹਾ ਪਾਇਆ॥੪॥		Anadhin Sadhaa Har Bhagathee Raathae Eis Jag Mehi Laahaa Paaeiaa ||4||	Those who remain attuned to devotional worship to the Lord, night and day, earn the profit in this world. ||4||	ਉਹ ਹਰ ਵੇਲੇ ਸਦਾ ਪਰਮਾਤਮਾ ਦੀ ਭਗਤੀ ਵਿਚ ਮਸਤ ਰਹਿੰਦੇ ਹਨ, ਇਸ ਜਗਤ ਵਿਚ ਉਹ (ਭਗਤੀ ਦਾ) ਲਾਭ ਖੱਟਦੇ ਹਨ ॥੪॥
45758	1067	ਤੇਰੇ ਗੁਣ ਕਹਾ ਮੈ ਕਹਣੁ ਨ ਜਾਈ॥		Thaerae Gun Kehaa Mai Kehan N Jaaee ||	What Glorious Virtues of Yours should I describe? I cannot describe them.	ਹੇ ਪ੍ਰਭੂ! (ਮੇਰਾ ਜੀ ਕਰਦਾ ਹੈ ਕਿ) ਮੈਂ ਤੇਰੇ ਗੁਣਾਂ ਦਾ ਕਥਨ ਕਰਾਂ, ਪਰ ਮੈਥੋਂ ਬਿਆਨ ਨਹੀਂ ਕੀਤੇ ਜਾ ਸਕਦੇ।
45759	1067	ਅੰਤੁ ਨ ਪਾਰਾ ਕੀਮਤਿ ਨਹੀ ਪਾਈ॥		Anth N Paaraa Keemath Nehee Paaee ||	You have no end or limitation. Your value cannot be estimated.	ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਪਾਰਲਾ ਬੰਨਾ ਨਹੀਂ ਲੱਭ ਸਕਦਾ, ਮੁੱਲ ਨਹੀਂ ਪੈ ਸਕਦਾ।
45760	1067	ਆਪੇ ਦਇਆ ਕਰੇ ਸੁਖਦਾਤਾ ਗੁਣ ਮਹਿ ਗੁਣੀ ਸਮਾਇਆ॥੫॥		Aapae Dhaeiaa Karae Sukhadhaathaa Gun Mehi Gunee Samaaeiaa ||5||	When the Giver of peace Himself bestows His Mercy, the virtuous are absorbed in virtue. ||5||	ਸਾਰੇ ਸੁਖਾਂ ਦਾ ਦੇਣ ਵਾਲਾ (ਪ੍ਰਭੂ ਜਦੋਂ) ਆਪ ਹੀ ਦਇਆ ਕਰਦਾ ਹੈ, ਤਾਂ ਗੁਣ ਗਾਣ ਵਾਲੇ ਨੂੰ ਆਪਣੇ ਗੁਣਾਂ ਵਿਚ ਲੀਨ ਕਰ ਲੈਂਦਾ ਹੈ ॥੫॥

45761	1067	ਇਸੁ ਜਗ ਮਹਿ ਮੋਹੁ ਹੈ ਪਾਸਾਰਾ॥		Eis Jag Mehi Mohu Hai Paasaaraa ||	In this world, emotional attachment is spread all over.	ਇਸ ਜਗਤ ਵਿਚ (ਹਰ ਪਾਸੇ) ਮੋਹ ਪਸਰਿਆ ਹੋਇਆ ਹੈ।
45762	1067	ਮਨਮੁਖੁ ਅਗਿਆਨੀ ਅੰਧੁ ਅੰਧਾਰਾ॥		Manamukh Agiaanee Andhh Andhhaaraa ||	The ignorant, self-willed manmukh is immersed in utter darkness.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਇਸ ਮੋਹ ਦੇ ਕਾਰਨ) ਆਤਮਕ ਜੀਵਨ ਵਲੋਂ ਬੇ-ਸਮਝ ਰਹਿੰਦਾ ਹੈ, (ਮੋਹ ਵਿਚ) ਬਿਲਕੁਲ ਅੰਨ੍ਹਾ ਹੋਇਆ ਰਹਿੰਦਾ ਹੈ,
45763	1067	ਧੰਧੈ ਧਾਵਤੁ ਜਨਮੁ ਗਵਾਇਆ ਬਿਨੁ ਨਾਵੈ ਦੁਖੁ ਪਾਇਆ॥੬॥		Dhhandhhai Dhhaavath Janam Gavaaeiaa Bin Naavai Dhukh Paaeiaa ||6||	Chasing after worldly affairs, he wastes away his life in vain; without the Name, he suffers in pain. ||6||	(ਮੋਹ ਦੇ) ਧੰਧੇ ਵਿਚ ਭਟਕਦਾ ਭਟਕਦਾ (ਮਨੁੱਖਾ) ਜਨਮ ਜਾਇਆ ਕਰ ਲੈਂਦਾ ਹੈ, ਪਰਮਾਤਮਾ ਦੇ ਨਾਮ ਤੋਂ ਬਿਨਾ ਦੁੱਖ ਪਾਂਦਾ ਹੈ ॥੬॥
45764	1067	ਕਰਮੁ ਹੋਵੈ ਤਾ ਸਤਿਗੁਰੁ ਪਾਏ॥		Karam Hovai Thaa Sathigur Paaeae ||	If God grants His Grace, then one finds the True Guru.	(ਜਦੋਂ ਕਿਸੇ ਮਨੁੱਖ ਉਤੇ) ਪਰਮਾਤਮਾ ਦੀ ਮਿਹਰ ਹੁੰਦੀ ਹੈ, ਤਦੋਂ ਉਸ ਨੂੰ ਗੁਰੂ ਮਿਲਦਾ ਹੈ।
45765	1067	ਹਉਮੈ ਮੈਲੁ ਸਬਦਿ ਜਲਾਏ॥		Houmai Mail Sabadh Jalaaeae ||	Through the Shabad, the filth of egotism is burned away.	ਗੁਰੂ ਦੇ ਸ਼ਬਦ ਦੀ ਰਾਹੀਂ (ਉਹ ਆਪਣੇ ਅੰਦਰੋਂ) ਹਉਮੈ ਦੀ ਮੈਲ ਸਾੜਦਾ ਹੈ।

45766	1067	ਮਨੁ ਨਿਰਮਲੁ ਗਿਆਨੁ ਰਤਨੁ ਚਾਨਣੁ ਅਗਿਆਨੁ ਅੰਧੇਰੁ ਗਵਾਇਆ॥੭॥		Man Niramal Giaan Rathan Chaanan Agiaan Andhhaer Gavaaeiaa ||7||	The mind becomes immaculate, and the jewel of spiritual wisdom brings enlightenment; the darkness of spiritual ignorance is dispelled. ||7||	ਉਸ ਦਾ ਮਨ ਪਵਿੱਤਰ ਹੋ ਜਾਂਦਾ ਹੈ, (ਉਸ ਨੂੰ ਆਪਣੇ ਅੰਦਰੋਂ) ਗਿਆਨ ਰਤਨ (ਲੱਭ ਪੈਂਦਾ ਹੈ, ਜੋ ਉਸ ਦੇ ਅੰਦਰ ਆਤਮਕ ਜੀਵਨ ਦਾ) ਚਾਨਣ ਕਰ ਦੇਂਦਾ ਹੈ, ਇਸ ਤਰ੍ਹਾਂ ਉਹ (ਆਪਣੇ ਅੰਦਰੋਂ) ਅਗਿਆਨ-ਹਨੇਰਾ ਦੂਰ ਕਰ ਲੈਂਦਾ ਹੈ ॥੭॥
45767	1067	ਤੇਰੇ ਨਾਮ ਅਨੇਕ ਕੀਮਤਿ ਨਹੀ ਪਾਈ॥		Thaerae Naam Anaek Keemath Nehee Paaee ||	Your Names are countless; Your value cannot be estimated.	ਹੇ ਪ੍ਰਭੂ! (ਤੇਰੇ ਗੁਣਾਂ ਦੇ ਆਧਾਰ ਤੇ) ਤੇਰੇ ਅਨੇਕਾਂ ਹੀ ਨਾਮ ਹਨ, ਮੁੱਲ ਨਹੀਂ ਪਾਇਆ ਜਾ ਸਕਦਾ (ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਤੇਰਾ ਨਾਮ ਪ੍ਰਾਪਤ ਨਹੀਂ ਹੋ ਸਕਦਾ)।
45768	1067	ਸਚੁ ਨਾਮੁ ਹਰਿ ਹਿਰਦੈ ਵਸਾਈ॥		Sach Naam Har Hiradhai Vasaaee ||	I enshrine the Lord's True Name within my heart.	(ਜੇ ਤੂੰ ਮਿਹਰ ਕਰੇਂ, ਤਾਂ) ਮੈਂ ਤੇਰਾ ਸਦਾ ਕਾਇਮ ਰਹਿਣ ਵਾਲਾ ਨਾਮ ਆਪਣੇ ਹਿਰਦੇ ਵਿਚ ਵਸਾਵਾਂ।
45769	1067	ਕੀਮਤਿ ਕਉਣੁ ਕਰੇ ਪ੍ਰਭ ਤੇਰੀ ਤੂ ਆਪੇ ਸਹਜਿ ਸਮਾਇਆ॥੮॥		Keemath Koun Karae Prabh Thaeree Thoo Aapae Sehaj Samaaeiaa ||8||	Who can estimate Your value, God? You are immersed and absorbed in Yourself. ||8||	ਹੇ ਪ੍ਰਭੂ! ਕੌਣ ਤੇਰਾ ਮੁੱਲ ਪਾ ਸਕਦਾ ਹੈ? (ਜਿਸ ਉਤੇ ਤੂੰ ਦਇਆ ਕਰਦਾ ਹੈਂ, ਉਸ ਨੂੰ) ਤੂੰ ਆਪ ਹੀ ਆਤਮਕ ਅਡੋਲਤਾ ਵਿਚ ਲੀਨ ਰੱਖਦਾ ਹੈਂ ॥੮॥

45770	1067	ਨਾਮੁ ਅਮੋਲਕੁ ਅਗਮ ਅਪਾਰਾ॥		Naam Amolak Agam Apaaraa ||	The Naam, the Name of the Lord, is priceless, inaccessible and infinite.	ਅਪਹੁੰਚ ਤੇ ਬੇਅੰਤ ਪਰਮਾਤਮਾ ਦੇ ਨਾਮ ਦਾ ਮੁੱਲ ਨਹੀਂ ਪੈ ਸਕਦਾ (ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਨਹੀਂ ਮਿਲ ਸਕਦਾ)।
45771	1067	ਨਾ ਕੋ ਹੋਆ ਤੋਲਣਹਾਰਾ॥		Naa Ko Hoaa Tholanehaaraa ||	No one can weigh it.	ਕੋਈ ਭੀ ਜੀਵ (ਹਰਿ-ਨਾਮ ਦਾ) ਮੁੱਲ ਪਾਣ-ਜੋਗਾ ਨਹੀਂ ਹੋ ਸਕਿਆ।
45772	1067	ਆਪੇ ਤੋਲੇ ਤੋਲਿ ਤੋਲਾਏ ਗੁਰ ਸਬਦੀ ਮੇਲਿ ਤੋਲਾਇਆ॥੯॥		Aapae Tholae Thol Tholaaeae Gur Sabadhee Mael Tholaaeiaa ||9||	You Yourself weigh, and estimate all; through the Word of the Guru's Shabad, You unite, when the weight is perfect. ||9||	ਉਹ ਪ੍ਰਭੂ ਆਪ ਹੀ ਆਪਣੇ ਨਾਮ ਦੀ ਕਦਰ ਜਾਣਦਾ ਹੈ। ਆਪ ਕਦਰ ਜਾਣ ਕੇ ਜੀਵਾਂ ਨੂੰ ਕਦਰ ਕਰਨੀ ਸਿਖਾਂਦਾ ਹੈ। ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਨਾਲ) ਮੇਲ ਕੇ ਕਦਰ ਸਿਖਾਂਦਾ ਹੈ ॥੯॥
45773	1067	ਸੇਵਕ ਸੇਵਹਿ ਕਰਹਿ ਅਰਦਾਸਿ॥		Saevak Saevehi Karehi Aradhaas ||	Your servant serves, and offers this prayer.	ਹੇ ਪ੍ਰਭੂ! ਤੇਰੇ ਭਗਤ ਤੇਰੀ ਸੇਵਾ-ਭਗਤੀ ਕਰਦੇ ਹਨ, (ਤੇਰੇ ਦਰ ਤੇ) ਅਰਦਾਸ ਕਰਦੇ ਹਨ।
45774	1067	ਤੂ ਆਪੇ ਮੇਲਿ ਬਹਾਲਹਿ ਪਾਸਿ॥		Thoo Aapae Mael Behaalehi Paas ||	Please, let me sit near You, and unite me with Yourself.	ਤੂੰ ਆਪ ਹੀ ਉਹਨਾਂ ਨੂੰ (ਆਪਣੇ ਨਾਮ ਵਿਚ) ਜੋੜ ਕੇ ਆਪਣੇ ਪਾਸ ਬਿਠਾਂਦਾ ਹੈਂ।
45775	1067	ਸਭਨਾ ਜੀਆ ਕਾ ਸੁਖਦਾਤਾ ਪੂਰੈ ਕਰਮਿ ਧਿਆਇਆ॥੧੦॥		Sabhanaa Jeeaa Kaa Sukhadhaathaa Poorai Karam Dhhiaaeiaa ||10||	You are the Giver of peace to all beings; by perfect karma, we meditate on You. ||10||	ਹੇ ਪ੍ਰਭੂ! ਤੂੰ ਸਾਰੇ ਜੀਵਾਂ ਨੂੰ ਸੁਖ ਦੇਣ ਵਾਲਾ ਹੈਂ। ਤੇਰੀ ਪੂਰੀ ਮਿਹਰ ਨਾਲ (ਹੀ ਤੇਰੇ ਸੇਵਕ) ਤੇਰਾ ਸਿਮਰਨ ਕਰਦੇ ਹਨ ॥੧੦॥

45776	1067	ਜਤੁ ਸਤੁ ਸੰਜਮੁ ਜਿ ਸਚੁ ਕਮਾਵੈ॥		Jath Sath Sanjam J Sach Kamaavai ||	Chastity, truth and self-control come by practicing and living the Truth.	ਕਾਮ-ਵਾਸਨਾ ਨੂੰ ਰੋਕਣਾ, ਵਿਕਾਰ-ਰਹਿਤ ਜੀਵਨ, ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਰੋਕਣ ਦਾ ਜਤਨ (ਉਹ ਮਨੁੱਖ ਮਾਨੋ ਇਹ ਸਾਰੇ ਹੀ ਕਰਮ ਕਰ ਲੈਂਦਾ ਹੈ) ਜਿਹੜਾ ਮਨੁੱਖ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦਾ ਹੈ।
45777	1067	ਇਹੁ ਮਨੁ ਨਿਰਮਲੁ ਜਿ ਹਰਿ ਗੁਣ ਗਾਵੈ॥		Eihu Man Niramal J Har Gun Gaavai ||	This mind becomes immaculate and pure, singing the Glorious Praises of the Lord.	ਜਿਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਉਸ ਦਾ ਇਹ ਮਨ ਪਵਿੱਤਰ ਹੋ ਜਾਂਦਾ ਹੈ।
45778	1067	ਇਸੁ ਬਿਖੁ ਮਹਿ ਅੰਮ੍ਰਿਤੁ ਪਰਾਪਤਿ ਹੋਵੈ ਹਰਿ ਜੀਉ ਮੇਰੇ ਭਾਇਆ॥੧੧॥		Eis Bikh Mehi Anmrith Paraapath Hovai Har Jeeo Maerae Bhaaeiaa ||11||	In this world of poison, the Ambrosial Nectar is obtained, if it pleases my Dear Lord. ||11||	ਆਤਮਕ ਮੌਤ ਲਿਆਉਣ ਵਾਲੀ ਇਸ ਮਾਇਆ-ਜ਼ਹਰ ਦੇ ਵਿਚ ਵਰਤਦਿਆਂ ਹੀ ਉਸ ਨੂੰ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਮਿਲ ਜਾਂਦਾ ਹੈ। ਮੇਰੇ ਪ੍ਰਭੂ ਨੂੰ ਇਹੀ ਮਰਯਾਦਾ ਭਾਂਦੀ ਹੈ ॥੧੧॥
45779	1067	ਜਿਸ ਨੋ ਬੁਝਾਏ ਸੋਈ ਬੂਝੈ॥		Jis No Bujhaaeae Soee Boojhai ||	He alone understands, whom God inspires to understand.	ਜਿਸ ਮਨੁੱਖ ਨੂੰ ਪਰਮਾਤਮਾ ਆਪ ਆਤਮਕ ਜੀਵਨ ਦੀ ਸਮਝ ਦੇਂਦਾ ਹੈ, ਉਹੀ ਮਨੁੱਖ ਸਮਝਦਾ ਹੈ।
45780	1067	ਹਰਿ ਗੁਣ ਗਾਵੈ ਅੰਦਰੁ ਸੂਝੈ॥		Har Gun Gaavai Andhar Soojhai ||	Singing the Glorious Praises of the Lord, one's inner being is awakened.	(ਜਿਉਂ ਜਿਉਂ) ਉਹ ਪਰਮਾਤਮਾ ਦੇ ਗੁਣ ਗਾਂਦਾ ਹੈ, ਉਸ ਦਾ ਹਿਰਦਾ ਸੂਝ ਵਾਲਾ ਹੁੰਦਾ ਜਾਂਦਾ ਹੈ।

45781	1067	ਹਉਮੈ ਮੇਰਾ ਠਾਕਿ ਰਹਾਏ ਸਹਜੇ ਹੀ ਸਚੁ ਪਾਇਆ॥੧੨॥		Houmai Maeraa Thaak Rehaaeae Sehajae Hee Sach Paaeiaa ||12||	Egotism and possessiveness are silenced and subdued, and one intuitively finds the True Lord. ||12||	ਉਹ ਮਨੁੱਖ ਹਉਮੈ ਅਤੇ ਮਮਤਾ ਨੂੰ (ਪ੍ਰਭਾਵ ਪਾਣ ਤੋਂ) ਰੋਕ ਰੱਖਦਾ ਹੈ। ਆਤਮਕ ਅਡੋਲਤਾ ਵਿਚ ਟਿਕ ਕੇ ਉਹ ਸਦਾ-ਥਿਰ ਹਰੀ ਦਾ ਮਿਲਾਪ ਪ੍ਰਾਪਤ ਕਰ ਲੈਂਦਾ ਹੈ ॥੧੨॥
45782	1067	ਬਿਨੁ ਕਰਮਾ ਹੋਰ ਫਿਰੈ ਘਨੇਰੀ॥		Bin Karamaa Hor Firai Ghanaeree ||	Without good karma, countless others wander around.	ਪਰਮਾਤਮਾ ਦੀ ਮਿਹਰ ਤੋਂ ਬਿਨਾ (ਨਾਮ ਤੋਂ ਖੁੰਝੀ ਹੋਈ) ਹੋਰ ਬਥੇਰੀ ਲੁਕਾਈ ਭਟਕਦੀ ਫਿਰਦੀ ਹੈ।
45783	1067	ਮਰਿ ਮਰਿ ਜੰਮੈ ਚੁਕੈ ਨ ਫੇਰੀ॥		Mar Mar Janmai Chukai N Faeree ||	They die, and die again, only to be reborn; they cannot escape the cycle of reincarnation.	ਉਹ ਜਨਮ ਮਰਨ ਦੇ ਗੇੜ ਵਿਚ ਪਈ ਰਹਿੰਦੀ ਹੈ, ਉਸ ਦਾ ਜਨਮ ਮਰਨ ਦਾ ਗੇੜ ਮੁੱਕਦਾ ਨਹੀਂ।
45784	1067	ਬਿਖੁ ਕਾ ਰਾਤਾ ਬਿਖੁ ਕਮਾਵੈ ਸੁਖੁ ਨ ਕਬਹੂ ਪਾਇਆ॥੧੩॥		Bikh Kaa Raathaa Bikh Kamaavai Sukh N Kabehoo Paaeiaa ||13||	Imbued with poison, they practice poison and corruption, and they never find peace. ||13||	ਜਿਹੜਾ ਮਨੁੱਖ ਆਤਮਕ ਮੌਤ ਲਿਆਉਣ ਵਾਲੀ ਮਾਇਆ-ਜ਼ਹਰ ਦਾ ਲੱਟੂ ਹੋਇਆ ਰਹਿੰਦਾ ਹੈ, ਉਹ ਇਹ ਜ਼ਹਰ ਹੀ ਵਿਹਾਝਦਾ ਫਿਰਦਾ ਹੈ, ਉਹ ਕਦੇ ਆਤਮਕ ਆਨੰਦ ਨਹੀਂ ਮਾਣ ਸਕਦਾ ॥੧੩॥

45785	1067	ਬਹੁਤੇ ਭੇਖ ਕਰੇ ਭੇਖਧਾਰੀ॥		Bahuthae Bhaekh Karae Bhaekhadhhaaree ||	Many disguise themselves with religious robes.	(ਤਿਆਗੀਆਂ ਵਾਲਾ ਪਹਿਰਾਵਾ ਪਾਈ ਫਿਰਦਿਆਂ ਨੂੰ ਵੇਖ ਕੇ ਭੀ ਨਾਹ ਭੁੱਲ ਜਾਣਾ ਕਿ ਇਹ ਇਸ ਜ਼ਹਰ ਤੋਂ ਬਚੇ ਹੋਏ ਹਨ। ਜੋਗ ਸੰਨਿਆਸ ਆਦਿਕ ਵਾਲਾ) ਧਾਰਮਿਕ ਪਹਿਰਾਵਾ ਪਾਣ ਵਾਲਾ ਮਨੁੱਖ ਬਥੇਰੇ (ਇਹੋ ਜਿਹੇ) ਭੇਖ ਕਰਦਾ ਹੈ,
45786	1067	ਬਿਨੁ ਸਬਦੈ ਹਉਮੈ ਕਿਨੈ ਨ ਮਾਰੀ॥		Bin Sabadhai Houmai Kinai N Maaree ||	Without the Shabad, no one has conquered egotism.	ਪਰ ਗੁਰੂ ਦੇ ਸ਼ਬਦ ਤੋਂ ਬਿਨਾ ਕੋਈ ਭੀ ਮਨੁੱਖ (ਆਪਣੇ ਅੰਦਰੋਂ) ਹਉਮੈ ਦੂਰ ਨਹੀਂ ਕਰ ਸਕਿਆ।
45787	1067	ਜੀਵਤੁ ਮਰੈ ਤਾ ਮੁਕਤਿ ਪਾਏ ਸਚੈ ਨਾਇ ਸਮਾਇਆ॥੧੪॥		Jeevath Marai Thaa Mukath Paaeae Sachai Naae Samaaeiaa ||14||	One who remains dead while yet alive is liberated, and merges in the True Name. ||14||	ਜਦੋਂ ਮਨੁੱਖ ਦੁਨੀਆ ਦਾ ਕਾਰ-ਵਿਹਾਰ ਕਰਦਾ ਹੋਇਆ ਹੀ ਆਪਾ-ਭਾਵ ਛੱਡਦਾ ਹੈ, ਤਦੋਂ ਉਹ (ਹਉਮੈ ਤੋਂ) ਖ਼ਲਾਸੀ ਪਾ ਲੈਂਦਾ ਹੈ, ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ ॥੧੪॥
45788	1067	ਅਗਿਆਨੁ ਤ੍ਰਿਸਨਾ ਇਸੁ ਤਨਹਿ ਜਲਾਏ॥		Agiaan Thrisanaa Eis Thanehi Jalaaeae ||	Spiritual ignorance and desire burn this human body.	ਆਤਮਕ ਜੀਵਨ ਵਲੋਂ ਬੇ-ਸਮਝੀ (ਇਸ ਨੂੰ) ਮਾਇਆ ਦੀ ਤ੍ਰਿਸ਼ਨਾ (ਕਹਿ ਲਵੋ, ਇਹ ਮਾਇਆ ਦੀ ਤ੍ਰਿਸ਼ਨਾ ਮਨੁੱਖ ਦੇ) ਇਸ ਸਰੀਰ ਨੂੰ (ਅੰਦਰੇ ਅੰਦਰ) ਸਾੜਦੀ ਰਹਿੰਦੀ ਹੈ।

45789	1068	ਤਿਸ ਦੀ ਬੂਝੈ ਜਿ ਗੁਰ ਸਬਦੁ ਕਮਾਏ॥	ਬੂੱਝੈ	This Dhee Boojhai J Gur Sabadh Kamaaeae ||	He alone puts out this fire, who practices and lives the Guru's Shabad.	ਇਹ ਤ੍ਰਿਸ਼ਨਾ-ਅੱਗ ਉਸ ਮਨੁੱਖ ਦੀ ਬੁੱਝਦੀ ਹੈ ਜਿਹੜਾ ਗੁਰੂ ਦੇ ਸ਼ਬਦ ਨੂੰ ਹਰ ਵੇਲੇ ਹਿਰਦੇ ਵਿਚ ਵਸਾਈ ਰੱਖਦਾ ਹੈ।
45790	1068	ਤਨੁ ਮਨੁ ਸੀਤਲੁ ਕ੍ਰੋਧੁ ਨਿਵਾਰੇ ਹਉਮੈ ਮਾਰਿ ਸਮਾਇਆ॥੧੫॥		Than Man Seethal Krodhh Nivaarae Houmai Maar Samaaeiaa ||15||	His body and mind are cooled and soothed, and his anger is silenced; conquering egotism, he merges in the Lord. ||15||	ਉਸ ਦਾ ਤਨ ਵਿਕਾਰਾਂ ਦੀ ਅੱਗ ਤੋਂ ਬਚਿਆ ਰਹਿੰਦਾ ਹੈ, ਉਸ ਦਾ ਮਨ ਸ਼ਾਂਤ ਰਹਿੰਦਾ ਹੈ, ਉਹ (ਆਪਣੇ ਅੰਦਰੋਂ) ਕ੍ਰੋਧ ਦੂਰ ਕਰ ਲੈਂਦਾ ਹੈ, ਹਉਮੈ ਨੂੰ ਮਾਰ ਕੇ ਉਹ ਮਨੁੱਖ (ਗੁਰ-ਸ਼ਬਦ ਵਿਚ) ਲੀਨ ਰਹਿੰਦਾ ਹੈ ॥੧੫॥
45791	1068	ਸਚਾ ਸਾਹਿਬੁ ਸਚੀ ਵਡਿਆਈ॥		Sachaa Saahib Sachee Vaddiaaee ||	True is the Lord and Master, and True is His glorious greatness.	ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੀ ਵਡਿਆਈ ਭੀ ਸਦਾ ਕਾਇਮ ਰਹਿਣ ਵਾਲੀ ਹੈ।
45792	1068	ਗੁਰ ਪਰਸਾਦੀ ਵਿਰਲੈ ਪਾਈ॥		Gur Parasaadhee Viralai Paaee ||	By Guru's Grace, a rare few attain this.	ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ (ਮਾਲਕ ਪ੍ਰਭੂ ਦੀ ਵਡਿਆਈ ਕਰਨ ਦੀ ਦਾਤਿ) ਪ੍ਰਾਪਤ ਕੀਤੀ ਹੈ।
45793	1068	ਨਾਨਕੁ ਏਕ ਕਹੈ ਬੇਨੰਤੀ ਨਾਮੇ ਨਾਮਿ ਸਮਾਇਆ ॥੧੬॥੧॥੨੩॥		Naanak Eaek Kehai Baenanthee Naamae Naam Samaaeiaa ||16||1||23||	Nanak offers this one prayer: through the Naam, the Name of the Lord, may I merge in the Lord. ||16||1||23||	ਨਾਨਕ ਇਕ ਬੇਨਤੀ ਕਰਦਾ ਹੈ (ਕਿ ਜਿਸ ਨੇ ਪ੍ਰਾਪਤ ਕੀਤੀ ਹੈ ਉਹ) ਹਰ ਵੇਲੇ ਪਰਮਾਤਮਾ ਦੇ ਨਾਮ ਵਿਚ ਹੀ ਲੀਨ ਰਹਿੰਦਾ ਹੈ ॥੧੬॥੧॥੨੩॥
45794	1068	ਮਾਰੂ ਮਹਲਾ ੩॥		Maaroo Mehalaa 3 ||	Maaroo, Third Mehl:	

45795	1068	ਨਦਰੀ ਭਗਤਾ ਲੈਹੁ ਮਿਲਾਏ॥	ਭਗਤਾਂ	Nadharee Bhagathaa Laihu Milaaeae ||	By Your Grace, please unite with Your devotees.	ਹੇ ਕਰਤਾਰ! ਆਪਣੇ ਭਗਤਾਂ ਨੂੰ ਤੂੰ ਮਿਹਰ ਦੀ ਨਿਗਾਹ ਨਾਲ (ਆਪਣੇ ਚਰਨਾਂ ਵਿਚ) ਜੋੜ ਰੱਖਦਾ ਹੈਂ,
45796	1068	ਭਗਤ ਸਲਾਹਨਿ ਸਦਾ ਲਿਵ ਲਾਏ॥		Bhagath Salaahan Sadhaa Liv Laaeae ||	Your devotees ever praise You, lovingly focusing on You.	(ਇਸ ਵਾਸਤੇ) ਭਗਤ (ਤੇਰੇ ਚਰਨਾਂ ਵਿਚ) ਸੁਰਤ ਜੋੜ ਕੇ ਸਦਾ ਤੇਰੀ ਸਿਫ਼ਤ-ਸਾਲਾਹ ਕਰਦੇ ਰਹਿੰਦੇ ਹਨ।
45797	1068	ਤਉ ਸਰਣਾਈ ਉਬਰਹਿ ਕਰਤੇ ਆਪੇ ਮੇਲਿ ਮਿਲਾਇਆ॥੧॥		Tho Saranaaee Oubarehi Karathae Aapae Mael Milaaeiaa ||1||	In Your Sanctuary, they are saved, O Creator Lord; You unite them in Union with Yourself. ||1||	ਤੇਰੀ ਸਰਨ ਵਿਚ ਰਹਿ ਕੇ ਉਹ ਵਿਕਾਰਾਂ ਤੋਂ ਬਚੇ ਰਹਿੰਦੇ ਹਨ। ਤੂੰ ਆਪ ਹੀ ਉਹਨਾਂ ਨੂੰ (ਗੁਰੂ ਨਾਲ) ਮਿਲਾ ਕੇ (ਆਪਣੇ ਨਾਲ) ਜੋੜੀ ਰੱਖਦਾ ਹੈਂ ॥੧॥
45798	1068	ਪੂਰੈ ਸਬਦਿ ਭਗਤਿ ਸੁਹਾਈ॥		Poorai Sabadh Bhagath Suhaaee ||	Sublime and exalted is devotion to the Perfect Word of the Shabad.	ਹੇ ਕਰਤਾਰ! ਪੂਰੇ (ਗੁਰੂ ਦੇ) ਸ਼ਬਦ ਦੀ ਬਰਕਤਿ ਨਾਲ (ਜਿਸ ਮਨੁੱਖ ਦੇ ਅੰਦਰ ਤੇਰੀ) ਭਗਤੀ ਨਿਖਰ ਆਉਂਦੀ ਹੈ,
45799	1068	ਅੰਤਰਿ ਸੁਖੁ ਤੇਰੈ ਮਨਿ ਭਾਈ॥		Anthar Sukh Thaerai Man Bhaaee ||	Peace prevails within; they are pleasing to Your Mind.	ਉਸ ਦੇ ਅੰਦਰ ਆਤਮਕ ਆਨੰਦ ਬਣ ਜਾਂਦਾ ਹੈ, (ਉਸ ਮਨੁੱਖ ਦੀ ਭਗਤੀ) ਤੇਰੇ ਮਨ ਵਿਚ ਪਿਆਰੀ ਲੱਗਦੀ ਹੈ।
45800	1068	ਮਨੁ ਤਨੁ ਸਚੀ ਭਗਤੀ ਰਾਤਾ ਸਚੇ ਸਿਉ ਚਿਤੁ ਲਾਇਆ॥੨॥		Man Than Sachee Bhagathee Raathaa Sachae Sio Chith Laaeiaa ||2||	One whose mind and body are imbued with true devotion, focuses his consciousness on the True Lord. ||2||	ਉਸ ਮਨੁੱਖ ਦਾ ਮਨ ਉਸ ਦਾ ਤਨ ਤੇਰੀ ਸਦਾ-ਥਿਰ ਸਿਫ਼ਤ-ਸਾਲਾਹ ਵਿਚ ਰੰਗਿਆ ਰਹਿੰਦਾ ਹੈ, ਉਹ ਤੇਰੇ ਸਦਾ-ਥਿਰ ਨਾਮ ਨਾਲ ਆਪਣਾ ਚਿੱਤ ਜੋੜ ਰੱਖਦਾ ਹੈ ॥੨॥

45801	1068	ਹਉਮੈ ਵਿਚਿ ਸਦ ਜਲੈ ਸਰੀਰਾ॥		Houmai Vich Sadh Jalai Sareeraa ||	In egotism, the body is forever burning.	ਹਉਮੈ (ਦੀ ਅੱਗ) ਵਿਚ (ਮਨੁੱਖ ਦਾ) ਸਰੀਰ (ਅੰਦਰੇ ਅੰਦਰ) ਸਦਾ ਸੜਦਾ ਰਹਿੰਦਾ ਹੈ।
45802	1068	ਕਰਮੁ ਹੋਵੈ ਭੇਟੇ ਗੁਰੁ ਪੂਰਾ॥		Karam Hovai Bhaettae Gur Pooraa ||	When God grants His Grace, one meets the Perfect Guru.	(ਜਦੋਂ ਪ੍ਰਭੂ ਦੀ) ਮਿਹਰ ਹੁੰਦੀ ਹੈ ਤਾਂ ਇਸ ਨੂੰ ਪੂਰਾ ਗੁਰੂ ਮਿਲਦਾ ਹੈ।
45803	1068	ਅੰਤਰਿ ਅਗਿਆਨੁ ਸਬਦਿ ਬੁਝਾਏ ਸਤਿਗੁਰ ਤੇ ਸੁਖੁ ਪਾਇਆ॥੩॥	ਬੁੱਝਾਏ	Anthar Agiaan Sabadh Bujhaaeae Sathigur Thae Sukh Paaeiaa ||3||	The Shabad dispels the spiritual ignorance within, and through the True Guru, one finds peace. ||3||	ਉਹ ਮਨੁੱਖ ਆਪਣੇ ਅੰਦਰ-ਵੱਸਦੇ ਅਗਿਆਨ ਨੂੰ ਗੁਰੂ ਦੇ ਸ਼ਬਦ ਨਾਲ ਦੂਰ ਕਰ ਲੈਂਦਾ ਹੈ, ਗੁਰੂ ਪਾਸੋਂ ਉਹ ਆਤਮਕ ਆਨੰਦ ਪ੍ਰਾਪਤ ਕਰਦਾ ਹੈ ॥੩॥
45804	1068	ਮਨਮੁਖੁ ਅੰਧਾ ਅੰਧੁ ਕਮਾਏ॥		Manamukh Andhhaa Andhh Kamaaeae ||	The blind, self-willed manmukh acts blindly.	ਪਰ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ ਦੇ ਮੋਹ ਵਿਚ) ਅੰਨ੍ਹਾ ਹੋਇਆ ਰਹਿੰਦਾ ਹੈ, ਉਹ ਸਦਾ ਅੰਨ੍ਹਿਆਂ ਵਾਲਾ ਕੰਮ ਹੀ ਕਰਦਾ ਹੈ (ਔਝੜੇ ਪਿਆ ਰਹਿੰਦਾ ਹੈ)।
45805	1068	ਬਹੁ ਸੰਕਟ ਜੋਨੀ ਭਰਮਾਏ॥		Bahu Sankatt Jonee Bharamaaeae ||	He is in terrible trouble, and wanders in reincarnation.	(ਜੀਵਨ-ਸਫ਼ਰ ਵਿਚ ਸਹੀ ਰਸਤੇ ਤੋਂ ਖੁੰਝ ਕੇ) ਉਹ ਅਨੇਕਾਂ ਕਸ਼ਟ ਸਹਾਰਦਾ ਹੈ, ਤੇ, ਅਨੇਕਾਂ ਜੂਨਾਂ ਵਿਚ ਭਟਕਦਾ ਫਿਰਦਾ ਹੈ।

45806	1068	ਜਮ ਕਾ ਜੇਵੜਾ ਕਦੇ ਨ ਕਾਟੈ ਅੰਤੇ ਬਹੁ ਦੁਖੁ ਪਾਇਆ॥੪॥		Jam Kaa Jaevarraa Kadhae N Kaattai Anthae Bahu Dhukh Paaeiaa ||4||	He can never snap the noose of Death, and in the end, he suffers in horrible pain. ||4||	(ਉਹ ਮਨੁੱਖ ਆਪਣੇ ਗਲੋਂ) ਆਤਮਕ ਮੌਤ ਦੀ ਫਾਹੀ ਕਦੇ ਨਹੀਂ ਕੱਟ ਸਕਦਾ। ਅੰਤ ਵੇਲੇ ਭੀ ਉਹ ਬਹੁਤ ਦੁੱਖ ਪਾਂਦਾ ਹੈ ॥੪॥
45807	1068	ਆਵਣ ਜਾਣਾ ਸਬਦਿ ਨਿਵਾਰੇ॥		Aavan Jaanaa Sabadh Nivaarae ||	Through the Shabad, one's comings and goings in reincarnation are ended.	ਉਹ ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਜਨਮ ਮਰਨ ਦਾ ਗੇੜ ਦੂਰ ਕਰ ਲੈਂਦਾ ਹੈ,
45808	1068	ਸਚੁ ਨਾਮੁ ਰਖੈ ਉਰ ਧਾਰੇ॥		Sach Naam Rakhai Our Dhhaarae ||	He keeps the True Name enshrined within his heart.	ਜਿਹੜਾ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ।
45809	1068	ਗੁਰ ਕੈ ਸਬਦਿ ਮਰੈ ਮਨੁ ਮਾਰੇ ਹਉਮੈ ਜਾਇ ਸਮਾਇਆ॥੫॥		Gur Kai Sabadh Marai Man Maarae Houmai Jaae Samaaeiaa ||5||	He dies in the Word of the Guru's Shabad, and conquers his mind; stilling his egotism, he merges in the Lord. ||5||	ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਆਪਾ-ਭਾਵ ਦੂਰ ਕਰ ਲੈਂਦਾ ਹੈ, ਉਹ ਆਪਣੇ ਮਨ ਨੂੰ ਵੱਸ ਵਿਚ ਕਰ ਲੈਂਦਾ ਹੈ, ਉਸ ਦੀ ਹਉਮੈ ਦੂਰ ਹੋ ਜਾਂਦੀ ਹੈ, ਉਹ ਸਦਾ ਪਰਮਾਤਮਾ ਦੀ ਯਾਦ ਵਿਚ ਲੀਨ ਰਹਿੰਦਾ ਹੈ ॥੫॥
45810	1068	ਆਵਣ ਜਾਣੈ ਪਰਜ ਵਿਗੋਈ॥		Aavan Jaanai Paraj Vigoee ||	Coming and going, the people of the world are wasting away.	ਸ੍ਰਿਸ਼ਟੀ ਜਨਮ ਮਰਨ ਦੇ ਗੇੜ ਵਿਚ ਖ਼ੁਆਰ ਹੁੰਦੀ ਰਹਿੰਦੀ ਹੈ।

45811	1068	ਬਿਨੁ ਸਤਿਗੁਰ ਥਿਰੁ ਕੋਇ ਨ ਹੋਈ॥		Bin Sathigur Thhir Koe N Hoee ||	Without the True Guru, no one finds permanence and stability.	ਗੁਰੂ ਦੀ ਸਰਨ ਤੋਂ ਬਿਨਾ (ਇਸ ਚੱਕਰ ਵਿਚੋਂ) ਕਿਸੇ ਨੂੰ ਭੀ ਖ਼ੁਲ੍ਹੀਰ ਨਹੀਂ ਹੁੰਦੀ।
45812	1068	ਅੰਤਰਿ ਜੋਤਿ ਸਬਦਿ ਸੁਖੁ ਵਸਿਆ ਜੋਤੀ ਜੋਤਿ ਮਿਲਾਇਆ॥੬॥		Anthar Joth Sabadh Sukh Vasiaa Jothee Joth Milaaeiaa ||6||	The Shabad shines its Light deep within the self, and one dwells in peace; one's light merges into the Light. ||6||	ਜਿਸ ਮਨੁੱਖ ਦੇ ਅੰਦਰ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੀ ਜੋਤਿ ਪਰਗਟ ਹੋ ਪੈਂਦੀ ਹੈ, ਉਸ ਦੇ ਅੰਦਰ ਆਤਮਕ ਆਨੰਦ ਆ ਵੱਸਦਾ ਹੈ, ਉਸ ਦੀ ਜੋਤਿ ਪਰਮਾਤਮਾ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ ॥੬॥
45813	1068	ਪੰਚ ਦੂਤ ਚਿਤਵਹਿ ਵਿਕਾਰਾ॥		Panch Dhooth Chithavehi Vikaaraa ||	The five demons think of evil and corruption.	(ਕਾਮਾਦਿਕ) ਪੰਜ ਵੈਰੀਆਂ ਦੇ (ਪ੍ਰਭਾਵ ਦੇ) ਕਾਰਨ (ਜੀਵ ਹਰ ਵੇਲੇ) ਵਿਕਾਰ ਚਿਤਵਦੇ ਰਹਿੰਦੇ ਹਨ।
45814	1068	ਮਾਇਆ ਮੋਹ ਕਾ ਏਹੁ ਪਸਾਰਾ॥		Maaeiaa Moh Kaa Eaehu Pasaaraa ||	The expanse is the manifestation of emotional attachment to Maya.	ਹਰ ਪਾਸੇ ਮਾਇਆ ਦੇ ਮੋਹ ਦਾ ਪ੍ਰਭਾਵ ਬਣਿਆ ਹੋਇਆ ਹੈ।
45815	1068	ਸਤਿਗੁਰੁ ਸੇਵੇ ਤਾ ਮੁਕਤੁ ਹੋਵੈ ਪੰਚ ਦੂਤ ਵਸਿ ਆਇਆ॥੭॥		Sathigur Saevae Thaa Mukath Hovai Panch Dhooth Vas Aaeiaa ||7||	Serving the True Guru, one is liberated, and the five demons are put under his control. ||7||	ਜਦੋਂ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਤਦੋਂ (ਇਸ ਮੋਹ ਦੇ ਦਬਾਅ ਤੋਂ) ਸੁਤੰਤਰ ਹੁੰਦਾ ਹੈ, (ਕਾਮਾਦਿਕ) ਪੰਜੇ ਵੈਰੀ ਉਸ ਦੇ ਵੱਸ ਵਿਚ ਆ ਜਾਂਦੇ ਹਨ ॥੭॥

45816	1068	ਬਾਝੁ ਗੁਰੂ ਹੈ ਮੋਹੁ ਗੁਬਾਰਾ॥		Baajh Guroo Hai Mohu Gubaaraa ||	Without the Guru, there is only the darkness of attachment.	ਗੁਰੂ ਤੋਂ ਬਿਨਾ (ਮਾਇਆ ਦਾ) ਮੋਹ (ਇਤਨਾ ਪ੍ਰਬਲ ਰਹਿੰਦਾ) ਹੈ (ਕਿ ਮਨੁੱਖ ਦੇ ਜੀਵਨ-ਰਾਹ ਵਿਚ ਆਤਮਕ ਜੀਵਨ ਵਲੋਂ) ਘੁੱਪ ਹਨੇਰਾ (ਬਣਿਆ) ਰਹਿੰਦਾ ਹੈ।
45817	1068	ਫਿਰਿ ਫਿਰਿ ਡੁਬੈ ਵਾਰੋ ਵਾਰਾ॥		Fir Fir Ddubai Vaaro Vaaraa ||	Over and over, time and time again, they are drowned.	ਮਨੁੱਖ ਮੁੜ ਮੁੜ ਅਨੇਕਾਂ ਵਾਰੀ (ਮੋਹ ਦੇ ਸਮੁੰਦਰ ਵਿਚ) ਡੁੱਬਦਾ ਹੈ।
45818	1068	ਸਤਿਗੁਰ ਭੇਟੇ ਸਚੁ ਦ੍ਰਿੜਾਏ ਸਚੁ ਨਾਮੁ ਮਨਿ ਭਾਇਆ॥੮॥		Sathigur Bhaettae Sach Dhrirraaeae Sach Naam Man Bhaaeiaa ||8||	Meeting the True Guru, Truth is implanted within, and the True Name becomes pleasing to the mind. ||8||	ਜਦੋਂ ਮਨੁੱਖ ਗੁਰੂ ਨੂੰ ਮਿਲ ਪੈਂਦਾ ਹੈ, ਤਾਂ ਗੁਰੂ ਸਦਾ-ਥਿਰ ਹਰਿ-ਨਾਮ ਇਸ ਦੇ ਹਿਰਦੇ ਵਿਚ ਪੱਕਾ ਕਰ ਦੇਂਦਾ ਹੈ। (ਤਾਂ ਫਿਰ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਨਾਮ ਇਸ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ ॥੮॥
45819	1068	ਸਾਚਾ ਦਰੁ ਸਾਚਾ ਦਰਵਾਰਾ॥		Saachaa Dhar Saachaa Dharavaaraa ||	True is His Door, and True is His Court, His Royal Darbaar.	ਪਰਮਾਤਮਾ ਦਾ ਦਰ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦਾ ਦਰਬਾਰ ਭੀ ਸਦਾ-ਥਿਰ ਹੈ।
45820	1068	ਸਚੇ ਸੇਵਹਿ ਸਬਦਿ ਪਿਆਰਾ॥		Sachae Saevehi Sabadh Piaaraa ||	The true ones serve Him, through the Beloved Word of the Shabad.	ਜਿਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਪਿਆਰ ਪਾਂਦੇ ਹਨ ਉਹ ਹੀ ਉਸ ਸਦਾ-ਥਿਰ ਪਰਮਾਤਮਾ ਦੀ ਸੇਵਾ-ਭਗਤੀ ਕਰਦੇ ਹਨ।

45821	1068	ਸਚੀ ਧੁਨਿ ਸਚੇ ਗੁਣ ਗਾਵਾ ਸਚੇ ਮਾਹਿ ਸਮਾਇਆ॥੯॥		Sachee Dhhun Sachae Gun Gaavaa Sachae Maahi Samaaeiaa ||9||	Singing the Glorious Praises of the True Lord, in the true melody, I am immersed and absorbed in Truth. ||9||	(ਜੇ ਮੇਰੇ ਉਤੇ ਉਸ ਦੀ ਮਿਹਰ ਹੋਵੇ ਤਾਂ) ਮੈਂ (ਭੀ) ਟਿਕਵੀਂ ਲਗਨ ਨਾਲ ਉਸ ਸਦਾ-ਥਿਰ ਪ੍ਰਭੂ ਦੇ ਗੁਣ ਗਾਂਦਾ ਰਹਾਂ। (ਜਿਹੜੇ ਮਨੁੱਖ ਗੁਣ ਗਾਂਦੇ ਹਨ ਉਹ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿੰਦੇ ਹਨ ॥੯॥
45822	1068	ਘਰੈ ਅੰਦਰਿ ਕੋ ਘਰੁ ਪਾਏ॥		Gharai Andhar Ko Ghar Paaeae ||	Deep within the home of the self, one finds the home of the Lord.	ਜਿਹੜਾ ਕੋਈ ਮਨੁੱਖ ਆਪਣੇ ਹਿਰਦੇ-ਘਰ ਵਿਚ ਪਰਮਾਤਮਾ ਦਾ ਟਿਕਾਣਾ ਲੱਭ ਲੈਂਦਾ ਹੈ,
45823	1068	ਗੁਰ ਕੈ ਸਬਦੇ ਸਹਜਿ ਸੁਭਾਏ॥		Gur Kai Sabadhae Sehaj Subhaaeae ||	Through the Word of the Guru's Shabad, one easily, intuitively finds it.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਟਿਕਿਆ ਰਹਿੰਦਾ ਹੈ।
45824	1068	ਓਥੈ ਸੋਗੁ ਵਿਜੋਗੁ ਨ ਵਿਆਪੈ ਸਹਜੇ ਸਹਜਿ ਸਮਾਇਆ॥੧੦॥		Outhhai Sog Vijog N Viaapai Sehajae Sehaj Samaaeiaa ||10||	There, one is not afflicted with sorrow or separation; merge into the Celestial Lord with intuitive ease. ||10||	ਉਸ ਅਡੋਲ ਅਵਸਥਾ ਵਿਚ ਟਿਕਿਆਂ ਸੋਗ ਜ਼ੋਰ ਨਹੀਂ ਪਾ ਸਕਦਾ, (ਪ੍ਰਭੂ-ਚਰਨਾਂ ਤੋਂ) ਵਿਛੋੜਾ ਜ਼ੋਰ ਨਹੀਂ ਪਾ ਸਕਦਾ। ਉਹ ਮਨੁੱਖ ਸਦਾ ਹੀ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ॥੧੦॥
45825	1068	ਦੂਜੈ ਭਾਇ ਦੁਸਟਾ ਕਾ ਵਾਸਾ॥		Dhoojai Bhaae Dhusattaa Kaa Vaasaa ||	The evil people live in the love of duality.	ਕੁਕਰਮੀ ਬੰਦੇ (ਪ੍ਰਭੂ ਨੂੰ ਭੁਲਾ ਕੇ) ਹੋਰ ਹੋਰ ਪਿਆਰ ਵਿਚ ਮਨ ਨੂੰ ਜੋੜੀ ਰੱਖਦੇ ਹਨ,

45826	1068	ਭਉਦੇ ਫਿਰਹਿ ਬਹੁ ਮੋਹ ਪਿਆਸਾ॥		Bhoudhae Firehi Bahu Moh Piaasaa ||	They wander around, totally attached and thirsty.	ਬੜੇ ਮੋਹ ਬੜੀ ਤ੍ਰਿਸ਼ਨਾ ਦੇ ਕਾਰਨ ਉਹ ਭਟਕਦੇ ਫਿਰਦੇ ਹਨ।
45827	1068	ਕੁਸੰਗਤਿ ਬਹਹਿ ਸਦਾ ਦੁਖੁ ਪਾਵਹਿ ਦੁਖੋ ਦੁਖੁ ਕਮਾਇਆ॥੧੧॥		Kusangath Behehi Sadhaa Dhukh Paavehi Dhukho Dhukh Kamaaeiaa ||11||	They sit in evil gatherings, and suffer in pain forever; they earn pain, nothing but pain. ||11||	(ਕੁਕਰਮੀ ਬੰਦੇ) ਸਦਾ ਭੈੜੀ ਸੁਹਬਤ ਵਿਚ ਬੈਠਦੇ ਹਨ ਤੇ ਦੁੱਖ ਪਾਂਦੇ ਹਨ। ਉਹ ਸਦਾ ਉਹੀ ਕਰਮ ਕਮਾਂਦੇ ਹਨ ਜਿਨ੍ਹਾਂ ਵਿਚੋਂ ਨਿਰਾ ਦੁੱਖ ਹੀ ਦੁੱਖ ਨਿਕਲੇ ॥੧੧॥
45828	1068	ਸਤਿਗੁਰ ਬਾਝਹੁ ਸੰਗਤਿ ਨ ਹੋਈ॥		Sathigur Baajhahu Sangath N Hoee ||	Without the True Guru, there is no Sangat, no Congregation.	ਗੁਰੂ ਦੀ ਸਰਨ ਤੋਂ ਬਿਨਾ ਭਲੀ ਸੁਹਬਤ ਨਹੀਂ ਮਿਲ ਸਕਦੀ।
45829	1068	ਬਿਨੁ ਸਬਦੇ ਪਾਰੁ ਨ ਪਾਏ ਕੋਈ॥		Bin Sabadhae Paar N Paaeae Koee ||	Without the Shabad, no one can cross over to the other side.	ਗੁਰੂ ਦੇ ਸ਼ਬਦ ਤੋਂ ਬਿਨਾ ਕੋਈ ਮਨੁੱਖ ਕੁਕਰਮਾਂ (ਦੀ ਨਦੀ) ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ।
45830	1068	ਸਹਜੇ ਗੁਣ ਰਵਹਿ ਦਿਨੁ ਰਾਤੀ ਜੋਤੀ ਜੋਤਿ ਮਿਲਾਇਆ॥੧੨॥		Sehajae Gun Ravehi Dhin Raathee Jothee Joth Milaaeiaa ||12||	One who intuitively chants God's Glorious Praises day and night - his light merges into the Light. ||12||	ਜਿਹੜੇ ਮਨੁੱਖ ਦਿਨ ਰਾਤ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਉਹਨਾਂ ਦੀ ਜਿੰਦ ਪਰਮਾਤਮਾ ਦੀ ਜੋਤਿ ਵਿਚ ਲੀਨ ਰਹਿੰਦੀ ਹੈ ॥੧੨॥

45831	1068	ਕਾਇਆ ਬਿਰਖੁ ਪੰਖੀ ਵਿਚਿ ਵਾਸਾ॥		Kaaeiaa Birakh Pankhee Vich Vaasaa ||	The body is the tree; the bird of the soul dwells within it.	(ਜਿਵੇਂ ਰਾਤ-ਬਸੇਰੇ ਲਈ ਪੰਛੀ ਕਿਸੇ ਰੁੱਖ ਉਤੇ ਆ ਟਿਕਦੇ ਹਨ, ਇਸੇ ਤਰ੍ਹਾਂ ਇਹ) ਸਰੀਰ (ਮਾਨੋ) ਰੁੱਖ ਹੈ, (ਇਸ ਸਰੀਰ) ਵਿਚ (ਜੀਵ) ਪੰਛੀ ਦਾ ਨਿਵਾਸ ਹੈ।
45832	1068	ਅੰਮ੍ਰਿਤੁ ਚੁਗਹਿ ਗੁਰ ਸਬਦਿ ਨਿਵਾਸਾ॥		Anmrith Chugehi Gur Sabadh Nivaasaa ||	It drinks in the Ambrosial Nectar, resting in the Word of the Guru's Shabad.	ਜਿਹੜੇ ਜੀਵ-ਪੰਛੀ ਗੁਰੂ ਦੇ ਸ਼ਬਦ ਵਿਚ ਟਿਕ ਕੇ ਆਤਮਕ ਜੀਵਨ ਦੇਣ ਵਾਲੀ ਨਾਮ-ਚੋਗ ਚੁਗਦੇ ਹਨ,
45833	1068	ਉਡਹਿ ਨ ਮੂਲੇ ਨ ਆਵਹਿ ਨ ਜਾਹੀ ਨਿਜ ਘਰਿ ਵਾਸਾ ਪਾਇਆ॥੧੩॥		Ouddehi N Moolae N Aavehi N Jaahee Nij Ghar Vaasaa Paaeiaa ||13||	It never flies away, and it does not come or go; it dwells within the home of its own self. ||13||	ਉਹ ਬਿਲਕੁਲ ਬਾਹਰ ਨਹੀਂ ਭਟਕਦੇ, ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਆਉਂਦੇ, ਉਹ ਸਦਾ ਪ੍ਰਭੂ-ਚਰਨਾਂ ਵਿਚ ਨਿਵਾਸ ਰੱਖਦੇ ਹਨ ॥੧੩॥
45834	1068	ਕਾਇਆ ਸੋਧਹਿ ਸਬਦੁ ਵੀਚਾਰਹਿ॥		Kaaeiaa Sodhhehi Sabadh Veechaarehi ||	Purify the body, and contemplate the Shabad.	ਜਿਹੜੇ ਮਨੁੱਖ (ਆਪਣੇ) ਸਰੀਰ ਦੀ ਪੜਤਾਲ ਕਰਦੇ ਰਹਿੰਦੇ ਹਨ, ਗੁਰੂ ਦੇ ਸ਼ਬਦ ਨੂੰ ਹਿਰਦੇ ਵਿਚ ਵਸਾਈ ਰੱਖਦੇ ਹਨ,
45835	1068	ਮੋਹ ਠਗਉਰੀ ਭਰਮੁ ਨਿਵਾਰਹਿ॥		Moh Thagouree Bharam Nivaarehi ||	Remove the poisonous drug of emotional attachment, and eradicate doubt.	ਉਹ ਮਨੁੱਖ ਮੋਹ ਦੀ ਠੱਗ-ਬੂਟੀ ਨਹੀਂ ਖਾਂਦੇ, ਉਹ ਮਨੁੱਖ (ਆਪਣੇ ਅੰਦਰੋਂ) ਭਟਕਣਾ ਦੂਰ ਕਰ ਲੈਂਦੇ ਹਨ।

45836	1068	ਆਪੇ ਕ੍ਰਿਪਾ ਕਰੇ ਸੁਖਦਾਤਾ ਆਪੇ ਮੇਲਿ ਮਿਲਾਇਆ॥੧੪॥		Aapae Kirapaa Karae Sukhadhaathaa Aapae Mael Milaaeiaa ||14||	The Giver of peace Himself bestows His Mercy, and unites us in Union with Himself. ||14||	ਪਰ, (ਇਹ) ਕਿਰਪਾ ਸੁਖਾਂ ਦਾ ਦੇਣ ਵਾਲਾ ਪਰਮਾਤਮਾ ਆਪ ਹੀ ਕਰਦਾ ਹੈ, ਉਹ ਆਪ ਹੀ (ਉਹਨਾਂ ਨੂੰ ਗੁਰੂ ਨਾਲ) ਮਿਲਾ ਕੇ (ਆਪਣੇ ਚਰਨਾਂ ਵਿਚ) ਜੋੜਦਾ ਹੈ ॥੧੪॥
45837	1069	ਸਦ ਹੀ ਨੇੜੈ ਦੂਰਿ ਨ ਜਾਣਹੁ॥		Sadh Hee Naerrai Dhoor N Jaanahu ||	He is always near at hand; He is never far away.	ਪਰਮਾਤਮਾ ਸਦਾ ਹੀ (ਸਾਡੇ) ਨੇੜੇ ਰਹਿੰਦਾ ਹੈ, ਉਸ ਨੂੰ (ਕਦੇ ਭੀ ਆਪਣੇ ਤੋਂ) ਦੂਰ ਨਾਹ ਸਮਝੋ।
45838	1069	ਗੁਰ ਕੈ ਸਬਦਿ ਨਜੀਕਿ ਪਛਾਣਹੁ॥		Gur Kai Sabadh Najeek Pashhaanahu ||	Through the Word of the Guru's Shabad, realize that He is very near.	ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਨੂੰ ਆਪਣੇ ਅੰਗ-ਸੰਗ ਵੱਸਦਾ ਵੇਖੋ।
45839	1069	ਬਿਗਸੈ ਕਮਲੁ ਕਿਰਣਿ ਪਰਗਾਸੈ ਪਰਗਟੁ ਕਰਿ ਦੇਖਾਇਆ॥੧੫॥		Bigasai Kamal Kiran Paragaasai Paragatt Kar Dhaekhaaeiaa ||15||	Your heart-lotus shall blossom forth, and the ray of God's Divine Light shall illuminate your heart; He shall be revealed to You. ||15||	(ਜਿਹੜਾ ਮਨੁੱਖ ਪਰਮਾਤਮਾ ਨੂੰ ਆਪਣੇ ਨਾਲ ਵੱਸਦਾ ਵੇਖਦਾ ਹੈ ਉਸ ਦਾ ਹਿਰਦਾ) ਕੌਲ-ਫੁੱਲ ਖਿੜਿਆ ਰਹਿੰਦਾ ਹੈ, (ਉਸ ਦੇ ਅੰਦਰ ਰੱਬੀ ਜੋਤਿ ਦੀ) ਕਿਰਨ (ਆਤਮਕ ਜੀਵਨ ਦਾ) ਚਾਨਣ ਕਰ ਦੇਂਦੀ ਹੈ। (ਗੁਰੂ ਉਸ ਮਨੁੱਖ ਨੂੰ ਪਰਮਾਤਮਾ) ਪਰਤੱਖ ਕਰ ਕੇ ਵਿਖਾ ਦੇਂਦਾ ਹੈ ॥੧੫॥
45840	1069	ਆਪੇ ਕਰਤਾ ਸਚਾ ਸੋਈ॥		Aapae Karathaa Sachaa Soee ||	The True Lord is Himself the Creator.	ਹੇ ਨਾਨਕ! ਉਹ ਕਰਤਾਰ ਆਪ ਹੀ ਸਦਾ ਕਾਇਮ ਰਹਿਣ ਵਾਲਾ ਹੈ,

45841	1069	ਆਪੇ ਮਾਰਿ ਜੀਵਾਲੇ ਅਵਰੁ ਨ ਕੋਈ॥		Aapae Maar Jeevaalae Avar N Koee ||	He Himself kills, and gives life; there is no other at all.	ਉਹ ਆਪ ਹੀ ਮਾਰ ਕੇ ਜਿਵਾਲਦਾ ਹੈ (ਭਾਵ, ਮਾਰਦਾ ਭੀ ਆਪ ਹੀ ਹੈ, ਪੈਦਾ ਭੀ ਕਰਦਾ ਆਪ ਹੀ ਹੈ)।
45842	1069	ਨਾਨਕ ਨਾਮੁ ਮਿਲੈ ਵਡਿਆਈ ਆਪੁ ਗਵਾਇ ਸੁਖੁ ਪਾਇਆ॥੧੬॥੨॥੨੪॥		Naanak Naam Milai Vaddiaaee Aap Gavaae Sukh Paaeiaa ||16||2||24||	O Nanak, through the Naam, the Name of the Lord, glorious greatness is obtained. Eradicating self-conceit, peace is found. ||16||2||24||	ਉਸ ਤੋਂ ਬਿਨਾ ਕੋਈ ਹੋਰ ਇਸ ਸਮਰਥਾ ਵਾਲਾ ਨਹੀਂ ਹੈ। ਜਿਸ ਮਨੁੱਖ ਨੂੰ ਪਰਮਾਤਮਾ ਦਾ ਨਾਮ ਮਿਲ ਜਾਂਦਾ ਹੈ ਉਸ ਨੂੰ (ਲੋਕ ਪਰਲੋਕ ਦੀ) ਸੋਭਾ ਮਿਲ ਜਾਂਦੀ ਹੈ। ਉਹ ਮਨੁੱਖ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ ਕੇ ਆਤਮਕ ਆਨੰਦ ਮਾਣਦਾ ਰਹਿੰਦਾ ਹੈ ॥੧੬॥੨॥੨੪॥
45843	1069	ਮਾਰੂ ਸੋਲਹੇ ਮਹਲਾ ੪		Maaroo Solehae Mehalaa 4	Maaroo, Solahas, Fourth Mehl:	ਰਾਗ ਮਾਰੂ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਸੋਹਲੇ' (੧੬ ਬੰਦਾਂ ਵਾਲੀ ਬਾਣੀ)।
45844	1069	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

45845	1069	ਸਚਾ ਆਪਿ ਸਵਾਰਣਹਾਰਾ॥		Sachaa Aap Savaaranehaaraa ||	The Lord Lord Himself is the One who exalts and embellishes.	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਦੇ ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆ ਵੱਸਦਾ ਹੈ, ਉਹ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ।
45846	1069	ਅਵਰ ਨ ਸੂਝਸਿ ਬੀਜੀ ਕਾਰਾ॥	ਬੀਜੀ	Avar N Soojhas Beejee Kaaraa ||	Do not consider any other work.	ਉਸ ਨੂੰ (ਪ੍ਰਭੂ ਦੀ ਯਾਦ ਤੋਂ ਬਿਨਾ) ਹੋਰ ਕੋਈ ਦੂਜੀ ਕਾਰ ਨਹੀਂ ਸੁੱਝਦੀ।
45847	1069	ਗੁਰਮੁਖਿ ਸਚੁ ਵਸੈ ਘਟ ਅੰਤਰਿ ਸਹਜੇ ਸਚਿ ਸਮਾਈ ਹੇ॥੧॥		Guramukh Sach Vasai Ghatt Anthar Sehajae Sach Samaaee Hae ||1||	The True Lord abides deep within the heart of the Gurmukh, who intuitively merges in the True Lord. ||1||	ਪਰ, ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪ ਹੀ ਉਸ ਦਾ ਜੀਵਨ ਸੋਹਣਾ ਬਣਾਣ ਦੀ ਸਮਰਥਾ ਰੱਖਦਾ ਹੈ ॥੧॥
45848	1069	ਸਭਨਾ ਸਚੁ ਵਸੈ ਮਨ ਮਾਹੀ॥		Sabhanaa Sach Vasai Man Maahee ||	The True Lord dwells within the minds of all.	(ਉਂਞ ਤਾਂ) ਸਦਾ-ਥਿਰ ਪ੍ਰਭੂ ਸਭ ਜੀਵਾਂ ਦੇ ਮਨ ਵਿਚ ਵੱਸਦਾ ਹੈ,
45849	1069	ਗੁਰ ਪਰਸਾਦੀ ਸਹਜਿ ਸਮਾਹੀ॥		Gur Parasaadhee Sehaj Samaahee ||	By Guru's Grace, they are intuitively absorbed in Him.	ਪਰ ਗੁਰੂ ਦੀ ਕਿਰਪਾ ਦੀ ਰਾਹੀਂ ਹੀ (ਜੀਵ) ਆਤਮਕ ਅਡੋਲਤਾ ਵਿਚ (ਟਿਕ ਕੇ ਪ੍ਰਭੂ ਵਿਚ) ਲੀਨ ਹੁੰਦੇ ਹਨ।

45850	1069	ਗੁਰੁ ਗੁਰੁ ਕਰਤ ਸਦਾ ਸੁਖੁ ਪਾਇਆ ਗੁਰ ਚਰਣੀ ਚਿਤੁ ਲਾਈ ਹੇ॥੨॥		Gur Gur Karath Sadhaa Sukh Paaeiaa Gur Charanee Chith Laaee Hae ||2||	Calling out, "Guru, Guru", I have found eternal peace; my consciousness is focused on the Guru's feet. ||2||	ਗੁਰੂ ਨੂੰ ਹਰ ਵੇਲੇ ਯਾਦ ਕਰਦਿਆਂ ਮਨੁੱਖ ਆਤਮਕ ਆਨੰਦ ਮਾਣਦਾ ਹੈ, ਗੁਰੂ ਦੇ ਚਰਨਾਂ ਵਿਚ ਚਿੱਤ ਜੋੜੀ ਰੱਖਦਾ ਹੈ ॥੨॥
45851	1069	ਸਤਿਗੁਰੁ ਹੈ ਗਿਆਨੁ ਸਤਿਗੁਰੁ ਹੈ ਪੂਜਾ॥		Sathigur Hai Giaan Sathigur Hai Poojaa ||	The True Guru is spiritual wisdom; the True Guru is worship and adoration.	ਗੁਰੂ ਆਤਮਕ ਜੀਵਨ ਦੀ ਸੂਝ (ਦੇਣ ਵਾਲਾ) ਹੈ, ਗੁਰੂ (ਪਰਮਾਤਮਾ ਦੀ) ਭਗਤੀ (ਸਿਖਾਣ ਵਾਲਾ) ਹੈ।
45852	1069	ਸਤਿਗੁਰੁ ਸੇਵੀ ਅਵਰੁ ਨ ਦੂਜਾ॥		Sathigur Saevee Avar N Dhoojaa ||	I serve the True Guru, and no other.	ਮੈਂ ਤਾਂ ਗੁਰੂ ਦੀ ਹੀ ਸਰਨ ਪੈਂਦਾ ਹਾਂ, ਕੋਈ ਹੋਰ ਦੂਜਾ (ਮੈਂ ਆਪਣੇ ਮਨ ਵਿਚ) ਨਹੀਂ (ਲਿਆਉਂਦਾ)।
45853	1069	ਸਤਿਗੁਰ ਤੇ ਨਾਮੁ ਰਤਨ ਧਨੁ ਪਾਇਆ ਸਤਿਗੁਰ ਕੀ ਸੇਵਾ ਭਾਈ ਹੇ॥੩॥		Sathigur Thae Naam Rathan Dhhan Paaeiaa Sathigur Kee Saevaa Bhaaee Hae ||3||	From the True Guru, I have obtained the wealth, the jewel of the Naam. Service to the True Guru is pleasing to me. ||3||	ਮੈਂ ਗੁਰੂ ਪਾਸੋਂ ਸ੍ਰੇਸ਼ਟ ਨਾਮ-ਧਨ ਲੱਭਾ ਹੈ, ਮੈਨੂੰ ਗੁਰੂ ਦੀ (ਦੱਸੀ) ਸੇਵਾ ਹੀ ਪਿਆਰੀ ਲੱਗਦੀ ਹੈ ॥੩॥
45854	1069	ਬਿਨੁ ਸਤਿਗੁਰ ਜੋ ਦੂਜੈ ਲਾਗੇ॥		Bin Sathigur Jo Dhoojai Laagae ||	Without the True Guru, those who are attached to duality	ਜਿਹੜੇ ਮਨੁੱਖ ਗੁਰੂ ਨੂੰ ਛੱਡ ਕੇ ਹੋਰ ਪਾਸੇ ਲੱਗਦੇ ਹਨ,

45855	1069	ਆਵਹਿ ਜਾਹਿ ਭ੍ਰਮਿ ਮਰਹਿ ਅਭਾਗੇ॥		Aavehi Jaahi Bhram Marehi Abhaagae ||	Come and go, and wander in reincarnation; these unfortunate ones die.	ਉਹ ਮੰਦ-ਭਾਗੀ ਮਨੁੱਖ ਭਟਕਣਾ ਵਿਚ ਪੈ ਕੇ ਆਤਮਕ ਮੌਤ ਸਹੇੜਦੇ ਹਨ, ਉਹ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ।
45856	1069	ਨਾਨਕ ਤਿਨ ਕੀ ਫਿਰਿ ਗਤਿ ਹੋਵੈ ਜਿ ਗੁਰਮੁਖਿ ਰਹਹਿ ਸਰਣਾਈ ਹੇ॥੪॥	ਰਹ-ਹਿ	Naanak Thin Kee Fir Gath Hovai J Guramukh Rehehi Saranaaee Hae ||4||	O Nanak, even after they are emancipated, those who become Gurmukh remain in the Guru's Sanctuary. ||4||	ਹੇ ਨਾਨਕ! ਉਹਨਾਂ ਮਨੁੱਖਾਂ ਦੀ ਹੀ ਫਿਰ ਉੱਚੀ ਆਤਮਕ ਅਵਸਥਾ ਬਣਦੀ ਹੈ ਜਿਹੜੇ ਗੁਰੂ ਦੀ ਸਰਨ ਪੈਂਦੇ ਹਨ ॥੪॥
45857	1069	ਗੁਰਮੁਖਿ ਪ੍ਰੀਤਿ ਸਦਾ ਹੈ ਸਾਚੀ॥		Guramukh Preeth Sadhaa Hai Saachee ||	The love of the Gurmukh is forever true.	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਦੀ ਪ੍ਰਭੂ ਨਾਲ ਪ੍ਰੀਤ ਪੱਕੀ ਹੁੰਦੀ ਹੈ।
45858	1069	ਸਤਿਗੁਰ ਤੇ ਮਾਗਉ ਨਾਮੁ ਅਜਾਚੀ॥		Sathigur Thae Maago Naam Ajaachee ||	I beg for the invaluable Naam, the Name of the Lord, from the Guru.	(ਉਹ ਹਰ ਵੇਲੇ ਇਉਂ ਅਰਦਾਸ ਕਰਦਾ ਰਹਿੰਦਾ ਹੈ-) ਮੈਂ ਗੁਰੂ ਪਾਸੋਂ (ਤੇਰਾ) ਅਮੋਲਕ ਨਾਮ ਮੰਗਦਾ ਹਾਂ।
45859	1069	ਹੋਹੁ ਦਇਆਲੁ ਕ੍ਰਿਪਾ ਕਰਿ ਹਰਿ ਜੀਉ ਰਖਿ ਲੇਵਹੁ ਗੁਰ ਸਰਣਾਈ ਹੇ॥੫॥		Hohu Dhaeiaal Kirapaa Kar Har Jeeo Rakh Laevahu Gur Saranaaee Hae ||5||	O Dear Lord, please be kind, and grant Your Grace; please keep me in the Guru's Sanctuary. ||5||	ਹੇ ਹਰੀ! ਦਇਆਵਾਨ ਹੋ, ਕਿਰਪਾ ਕਰ। ਮੈਨੂੰ ਸਦਾ ਗੁਰੂ ਦੀ ਸਰਨ ਵਿਚ ਰੱਖ ॥੫॥

45860	1069	ਅੰਮ੍ਰਿਤ ਰਸੁ ਸਤਿਗੁਰੂ ਚੁਆਇਆ॥		Anmrith Ras Sathiguroo Chuaaeiaa ||	The True Guru trickles the Ambrosial Nectar into my mouth.	ਗੁਰੂ (ਜਿਸ ਮਨੁੱਖ ਦੇ ਹਿਰਦੇ ਵਿਚ) ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੈਦਾ ਕਰਦਾ ਹੈ,
45861	1069	ਦਸਵੈ ਦੁਆਰਿ ਪ੍ਰਗਟੁ ਹੋਇ ਆਇਆ॥		Dhasavai Dhuaar Pragatt Hoe Aaeiaa ||	My Tenth Gate has been opened and revealed.	(ਪਰਮਾਤਮਾ) ਉਸ ਦੇ ਸੋਚ-ਮੰਡਲ ਵਿਚ ਪਰਗਟ ਹੋ ਜਾਂਦਾ ਹੈ।
45862	1069	ਤਹ ਅਨਹਦ ਸਬਦ ਵਜਹਿ ਧੁਨਿ ਬਾਣੀ ਸਹਜੇ ਸਹਜਿ ਸਮਾਈ ਹੇ॥੬॥		Theh Anehadh Sabadh Vajehi Dhhun Baanee Sehajae Sehaj Samaaee Hae ||6||	The unstruck sound current of the Shabad vibrates and resounds there, with the melody of the Guru's Bani; one is easily, intuitively absorbed in the Lord. ||6||	ਉਸ ਅਵਸਥਾ ਵਿਚ ਉਸ ਮਨੁੱਖ ਦੇ ਅੰਦਰ ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ (ਇਉਂ) ਆਤਮਕ ਆਨੰਦ ਪੈਦਾ ਹੁੰਦਾ ਹੈ (ਜਿਵੇਂ, ਮਾਨੋ, ਉਥੇ) ਪੰਜ ਕਿਸਮਾਂ ਦੇ ਸਾਜ਼ ਵੱਜ ਰਹੇ ਹਨ। ਉਹ ਮਨੁੱਖ ਹਰ ਵੇਲੇ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ॥੬॥
45863	1069	ਜਿਨ ਕਉ ਕਰਤੈ ਧੁਰਿ ਲਿਖਿ ਪਾਈ॥		Jin Ko Karathai Dhhur Likh Paaee ||	Those who are so pre-ordained by the Creator,	ਪਰ, (ਆਤਮਕ ਆਨੰਦ ਦੀ ਇਹ ਦਾਤ ਉਹਨਾਂ ਨੂੰ ਮਿਲਦੀ ਹੈ) ਜਿਨ੍ਹਾਂ ਦੇ ਭਾਗਾਂ ਵਿਚ ਕਰਤਾਰ ਨੇ ਧੁਰ ਦਰਗਾਹੋਂ ਲਿਖ ਕੇ ਰੱਖ ਦਿੱਤੀ ਹੈ।
45864	1069	ਅਨ ਦਿਨੁ ਗੁਰੁ ਗੁਰੁ ਕਰਤ ਵਿਹਾਈ॥		Anadhin Gur Gur Karath Vihaaee ||	Pass their nights and days calling on the Guru.	ਉਹਨਾਂ ਦੀ ਉਮਰ ਸਦਾ ਗੁਰੂ ਨੂੰ ਯਾਦ ਕਰਦਿਆਂ ਬੀਤਦੀ ਹੈ।

45865	1069	ਬਿਨੁ ਸਤਿਗੁਰ ਕੋ ਸੀਝੈ ਨਾਹੀ ਗੁਰ ਚਰਣੀ ਚਿਤੁ ਲਾਈ ਹੇ॥੭॥		Bin Sathigur Ko Seejhai Naahee Gur Charanee Chith Laaee Hae ||7||	Without the True Guru, no one understands; focus your consciousness on the Guru's Feet. ||7||	ਗੁਰੂ ਦੀ ਸਰਨ ਪੈਣ ਤੋਂ ਬਿਨਾ ਕੋਈ ਮਨੁੱਖ (ਜ਼ਿੰਦਗੀ ਵਿਚ) ਕਾਮਯਾਬ ਨਹੀਂ ਹੁੰਦਾ। ਤੂੰ ਸਦਾ ਗੁਰੂ ਦੇ ਚਰਨਾਂ ਵਿਚ ਆਪਣਾ ਚਿੱਤ ਜੋੜੀ ਰੱਖ ॥੭॥
45866	1069	ਜਿਸੁ ਭਾਵੈ ਤਿਸੁ ਆਪੇ ਦੇਇ॥		Jis Bhaavai This Aapae Dhaee ||	The Lord Himself blesses those with whom He is pleased.	ਜਿਹੜਾ ਜੀਵ ਉਸ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ ਉਸ ਨੂੰ ਉਹ ਆਪ ਹੀ (ਨਾਮ ਦੀ ਦਾਤਿ) ਦੇਂਦਾ ਹੈ।
45867	1069	ਗੁਰਮੁਖਿ ਨਾਮੁ ਪਦਾਰਥੁ ਲੇਇ॥		Guramukh Naam Padhaarathh Laee ||	The Gurmukh receives the wealth of the Naam.	ਉਹ ਮਨੁੱਖ ਗੁਰੂ ਦੀ ਰਾਹੀਂ ਇਹ ਕੀਮਤੀ ਨਾਮ ਹਾਸਲ ਕਰਦਾ ਹੈ।
45868	1069	ਆਪੇ ਕ੍ਰਿਪਾ ਕਰੇ ਨਾਮੁ ਦੇਵੈ ਨਾਨਕ ਨਾਮਿ ਸਮਾਈ ਹੇ॥੮॥		Aapae Kirapaa Karae Naam Dhaevai Naanak Naam Samaaee Hae ||8||	When the Lord grants His Grace, He bestows the Naam; Nanak is immersed and absorbed in the Naam. ||8||	ਹੇ ਨਾਨਕ! ਜਿਸ ਉਤੇ ਉਹ ਪ੍ਰਭੂ ਕਿਰਪਾ ਕਰਦਾ ਹੈ ਉਸ ਨੂੰ ਆਪਣਾ ਨਾਮ ਦੇਂਦਾ ਹੈ। ਉਹ ਮਨੁੱਖ ਨਾਮ ਵਿਚ ਲੀਨ ਰਹਿੰਦਾ ਹੈ ॥੮॥
45869	1069	ਗਿਆਨ ਰਤਨੁ ਮਨਿ ਪਰਗਟੁ ਭਇਆ॥		Giaan Rathan Man Paragatt Bhaeiaa ||	The jewel of spiritual wisdom is revealed within the mind.	ਜਿਸ ਮਨੁੱਖ ਦੇ ਮਨ ਵਿਚ ਆਤਮਕ ਜੀਵਨ ਦੀ ਸ੍ਰੇਸ਼ਟ ਸੂਝ ਉੱਘੜ ਪਈ,
45870	1069	ਨਾਮੁ ਪਦਾਰਥੁ ਸਹਜੇ ਲਇਆ॥		Naam Padhaarathh Sehajae Laeiaa ||	The wealth of the Naam is easily, intuitively received.	ਉਸ ਨੇ ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦਾ ਕੀਮਤੀ ਨਾਮ ਲੱਭ ਲਿਆ।

45871	1069	ਏਹ ਵਡਿਆਈ ਗੁਰ ਤੇ ਪਾਈ ਸਤਿਗੁਰ ਕਉ ਸਦ ਬਲਿ ਜਾਈ ਹੇ॥੯॥		Eaeh Vaddiaaee Gur Thae Paaee Sathigur Ko Sadh Bal Jaaee Hae ||9||	This glorious greatness is obtained from the Guru; I am forever a sacrifice to the True Guru. ||9||	ਪਰ ਇਹ ਵਡਿਆਈ ਗੁਰੂ ਪਾਸੋਂ (ਹੀ) ਮਿਲਦੀ ਹੈ। ਮੈਂ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ ॥੯॥
45872	1069	ਪ੍ਰਗਟਿਆ ਸੂਰੁ ਨਿਸਿ ਮਿਟਿਆ ਅੰਧਿਆਰਾ॥		Pragattiaa Soor Nis Mittiaa Andhhiaaraa ||	With the rising of the sun, the darkness of the night is dispelled.	(ਜਿਵੇਂ ਜਦੋਂ) ਸੂਰਜ ਚੜ੍ਹਦਾ ਹੈ (ਤਦੋਂ) ਰਾਤ ਦਾ ਹਨੇਰਾ ਮਿਟ ਜਾਂਦਾ ਹੈ,
45873	1069	ਅਗਿਆਨੁ ਮਿਟਿਆ ਗੁਰ ਰਤਨਿ ਅਪਾਰਾ॥		Agiaan Mittiaa Gur Rathan Apaaraa ||	Spiritual ignorance is eradicated, by the priceless jewel of the Guru.	(ਇਸੇ ਤਰ੍ਹਾਂ) ਗੁਰੂ ਦੇ ਬੇਅੰਤ ਕੀਮਤੀ ਗਿਆਨ-ਰਤਨ ਨਾਲ ਅਗਿਆਨ-ਹਨੇਰਾ ਦੂਰ ਹੋ ਜਾਂਦਾ ਹੈ।
45874	1069	ਸਤਿਗੁਰ ਗਿਆਨੁ ਰਤਨੁ ਅਤਿ ਭਾਰੀ ਕਰਮਿ ਮਿਲੈ ਸੁਖੁ ਪਾਈ ਹੇ॥੧੦॥		Sathigur Giaan Rathan Ath Bhaaree Karam Milai Sukh Paaee Hae ||10||	The True Guru is the fantastically valuable jewel of spiritual wisdom; blessed by God's Mercy, peace is found. ||10||	ਗੁਰੂ ਦਾ (ਦਿੱਤਾ ਹੋਇਆ) 'ਗਿਆਨ ਰਤਨ' ਬਹੁਤ ਹੀ ਕੀਮਤੀ ਹੈ। ਪਰਮਾਤਮਾ ਦੀ ਮਿਹਰ ਨਾਲ ਜਿਸ ਨੂੰ ਇਹ ਮਿਲਦਾ ਹੈ, ਉਹ ਆਤਮਕ ਆਨੰਦ ਮਾਣਦਾ ਹੈ ॥੧੦॥
45875	1069	ਗੁਰਮੁਖਿ ਨਾਮੁ ਪ੍ਰਗਟੀ ਹੈ ਸੋਇ॥		Guramukh Naam Pragattee Hai Soe ||	The Gurmukh obtains the Naam, and his good reputation increases.	ਗੁਰੂ ਦੀ ਰਾਹੀਂ ਜਿਸ ਨੂੰ ਹਰਿ-ਨਾਮ ਪ੍ਰਾਪਤ ਹੁੰਦਾ ਹੈ, ਉਸ ਦੀ ਸੋਭਾ ਖਿੱਲਰ ਜਾਂਦੀ ਹੈ,

45876	1069	ਚਹੁ ਜੁਗਿ ਨਿਰਮਲੁ ਹਛਾ ਲੋਇ॥		Chahu Jug Niramal Hashhaa Loe ||	In all four ages he is considered to be pure and good.	ਉਹ ਸਦਾ ਲਈ ਪਵਿੱਤਰ ਜੀਵਨ ਵਾਲਾ ਹੋ ਜਾਂਦਾ ਹੈ, ਉਹ ਸਾਰੇ ਜਗਤ ਵਿਚ ਹੱਛਾ ਮੰਨਿਆ ਜਾਂਦਾ ਹੈ।
45877	1069	ਨਾਮੇ ਨਾਮਿ ਰਤੇ ਸੁਖੁ ਪਾਇਆ ਨਾਮਿ ਰਹਿਆ ਲਿਵ ਲਾਈ ਹੇ॥੧੧॥		Naamae Naam Rathae Sukh Paaeiaa Naam Rehiaa Liv Laaee Hae ||11||	Imbued with the Naam, the Name of the Lord, he finds peace. He remains lovingly focused on the Naam. ||11||	ਹਰ ਵੇਲੇ ਹਰਿ-ਨਾਮ ਵਿਚ ਰੰਗੇ ਰਹਿਣ ਕਰਕੇ ਉਹ ਸੁਖ ਮਾਣਦਾ ਹੈ, ਉਹ ਹਰਿ-ਨਾਮ ਵਿਚ ਹਰ ਵੇਲੇ ਸੁਰਤ ਜੋੜੀ ਰੱਖਦਾ ਹੈ ॥੧੧॥
45878	1069	ਗੁਰਮੁਖਿ ਨਾਮੁ ਪਰਾਪਤਿ ਹੋਵੈ॥		Guramukh Naam Paraapath Hovai ||	The Gurmukh receives the Naam.	ਜਿਸ ਮਨੁੱਖ ਨੂੰ ਗੁਰੂ ਦੀ ਰਾਹੀਂ ਹਰਿ-ਨਾਮ ਹਾਸਲ ਹੁੰਦਾ ਹੈ,
45879	1069	ਸਹਜੇ ਜਾਗੈ ਸਹਜੇ ਸੋਵੈ॥		Sehajae Jaagai Sehajae Sovai ||	In intuitive peace he wakes, and in intuitive peace he sleeps.	ਉਹ ਜਾਗਦਾ ਸੁੱਤਾ ਹਰ ਵੇਲੇ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ (ਆਤਮਕ ਅਡੋਲਤਾ ਵਿਚ ਜਾਗਦਾ ਹੈ ਆਤਮਕ ਅਡੋਲਤਾ ਵਿਚ ਸੌਂਦਾ ਹੈ)।
45880	1070	ਗੁਰਮੁਖਿ ਨਾਮਿ ਸਮਾਇ ਸਮਾਵੈ ਨਾਨਕ ਨਾਮੁ ਧਿਆਈ ਹੇ॥੧੨॥		Guramukh Naam Samaae Samaavai Naanak Naam Dhhiaaee Hae ||12||	The Gurmukh is immersed and absorbed in the Naam; Nanak meditates on the Naam. ||12||	ਹੇ ਨਾਨਕ! ਗੁਰੂ ਦੀ ਰਾਹੀਂ ਨਾਮ ਵਿਚ ਲੀਨ ਹੋ ਕੇ ਉਹ ਮਨੁੱਖ (ਪਰਮਾਤਮਾ ਵਿਚ) ਲੀਨ ਰਹਿੰਦਾ ਹੈ, ਉਹ ਹਰ ਵੇਲੇ ਹਰਿ-ਨਾਮ ਹੀ ਸਿਮਰਦਾ ਹੈ ॥੧੨॥

45881	1070	ਭਗਤਾ ਮੁਖਿ ਅੰਮ੍ਰਿਤ ਹੈ ਬਾਣੀ॥	ਭਗਤਾਂ	Bhagathaa Mukh Anmrith Hai Baanee ||	The Ambrosial Nectar of the Guru's Bani is in the mouth of the devotees.	ਭਗਤਾਂ ਦੇ ਮੂੰਹ ਵਿਚ (ਗੁਰੂ ਦੀ ਆਤਮਕ ਜੀਵਨ ਦੇਣ ਵਾਲੀ ਬਾਣੀ ਟਿਕੀ ਰਹਿੰਦੀ ਹੈ।
45882	1070	ਗੁਰਮੁਖਿ ਹਰਿ ਨਾਮੁ ਆਖਿ ਵਖਾਣੀ॥		Guramukh Har Naam Aakh Vakhaanee ||	The Gurmukhs chant and repeat the Lord's Name.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪਰਮਾਤਮਾ ਦਾ ਨਾਮ (ਆਪ) ਉਚਾਰ ਕੇ (ਹੋਰਨਾਂ ਨੂੰ ਭੀ) ਸੁਣਾਂਦਾ ਹੈ।
45883	1070	ਹਰਿ ਹਰਿ ਕਰਤ ਸਦਾ ਮਨੁ ਬਿਗਸੈ ਹਰਿ ਚਰਣੀ ਮਨੁ ਲਾਈ ਹੇ॥੧੩॥		Har Har Karath Sadhaa Man Bigasai Har Charanee Man Laaee Hae ||13||	Chanting the Name of the Lord, Har, Har, their minds forever blossom forth; they focus their minds on the Lord's Feet. ||13||	ਪਰਮਾਤਮਾ ਦਾ ਨਾਮ ਸਿਮਰਦਿਆਂ ਉਸ ਦਾ ਮਨ ਸਦਾ ਖਿੜਿਆ ਰਹਿੰਦਾ ਹੈ, ਉਹ ਮਨੁੱਖ ਪਰਮਾਤਮਾ ਦੇ ਚਰਨਾਂ ਵਿਚ ਆਪਣਾ ਮਨ ਜੋੜੀ ਰੱਖਦਾ ਹੈ ॥੧੩॥
45884	1070	ਹਮ ਮੂਰਖ ਅਗਿਆਨ ਗਿਆਨੁ ਕਿਛੁ ਨਾਹੀ॥		Ham Moorakh Agiaan Giaan Kishh Naahee ||	I am foolish and ignorant; I have no wisdom at all.	ਹੇ ਪ੍ਰਭੂ! ਅਸੀਂ ਜੀਵ ਮੂਰਖ ਹਾਂ, ਅੰਞਾਣ ਹਾਂ, ਸਾਨੂੰ ਆਤਮਕ ਜੀਵਨ ਦੀ ਕੁਝ ਭੀ ਸੂਝ ਨਹੀਂ ਹੈ।
45885	1070	ਸਤਿਗੁਰ ਤੇ ਸਮਝ ਪੜੀ ਮਨ ਮਾਹੀ॥		Sathigur Thae Samajh Parree Man Maahee ||	From the True Guru, I have obtained understanding in my mind.	ਗੁਰੂ ਪਾਸੋਂ (ਇਹ) ਸਮਝ ਮਨ ਵਿਚ ਪੈਂਦੀ ਹੈ।

45886	1070	ਹੋਹੁ ਦਇਆਲੁ ਕ੍ਰਿਪਾ ਕਰਿ ਹਰਿ ਜੀਉ ਸਤਿਗੁਰ ਕੀ ਸੇਵਾ ਲਾਈ ਹੇ॥੧੪॥		Hohu Dhaeiaal Kirapaa Kar Har Jeeo Sathigur Kee Saevaa Laaee Hae ||14||	O Dear Lord, please be kind to me, and grant Your Grace; let me be committed to serving the True Guru. ||14||	ਹੇ ਪ੍ਰਭੂ! ਦਇਆਵਾਨ ਹੋ, ਮਿਹਰ ਕਰ, (ਸਾਨੂੰ) ਗੁਰੂ ਦੀ ਸੇਵਾ ਵਿਚ ਲਾਈ ਰੱਖ ॥੧੪॥
45887	1070	ਜਿਨਿ ਸਤਿਗੁਰੁ ਜਾਤਾ ਤਿਨਿ ਏਕੁ ਪਛਾਤਾ॥		Jin Sathigur Jaathaa Thin Eaek Pashhaathaa ||	Those who know the True Guru realize the One Lord.	ਜਿਸ ਮਨੁੱਖ ਨੇ ਗੁਰੂ ਨਾਲ ਸਾਂਝ ਪਾ ਲਈ, ਉਸ ਨੇ ਇਕ ਪਰਮਾਤਮਾ ਨੂੰ (ਇਉਂ) ਪਛਾਣ ਲਿਆ,
45888	1070	ਸਰਬੇ ਰਵਿ ਰਹਿਆ ਸੁਖਦਾਤਾ॥		Sarabae Rav Rehiaa Sukhadhaathaa ||	The Giver of peace is all-pervading, permeating everywhere.	ਕਿ ਉਹ ਸੁਖਦਾਤਾ ਪ੍ਰਭੂ ਸਭਨਾਂ ਵਿਚ ਵੱਸ ਰਿਹਾ ਹੈ।
45889	1070	ਆਤਮੁ ਚੀਨਿ ਪਰਮਪਦੁ ਪਾਇਆ ਸੇਵਾ ਸੁਰਤਿ ਸਮਾਈ ਹੇ॥੧੫॥		Aatham Cheen Param Padh Paaeiaa Saevaa Surath Samaaee Hae ||15||	Understanding my own soul, I have obtained the Supreme Status; my awareness is immersed in selfless service. ||15||	ਉਸ ਮਨੁੱਖ ਨੇ ਆਪਣੇ ਜੀਵਨ ਨੂੰ ਪੜਤਾਲ ਕੇ ਸਭ ਤੋਂ ਉੱਚਾ ਆਤਮਕ ਦਰਜਾ ਪ੍ਰਾਪਤ ਕਰ ਲਿਆ। ਉਸ ਦੀ ਸੁਰਤ ਪਰਮਾਤਮਾ ਦੀ ਸੇਵਾ-ਭਗਤੀ ਵਿਚ ਟਿਕੀ ਰਹਿੰਦੀ ਹੈ ॥੧੫॥
45890	1070	ਜਿਨ ਕਉ ਆਦਿ ਮਿਲੀ ਵਡਿਆਈ॥		Jin Ko Aadh Milee Vaddiaaee ||	Those who are blessed with glorious greatness by the Primal Lord God	ਜਿਨ੍ਹਾਂ ਨੂੰ ਧੁਰ ਦਰਗਾਹ ਤੋਂ ਇੱਜ਼ਤ ਮਿਲਦੀ ਹੈ,

45891	1070	ਸਤਿਗੁਰੁ ਮਨਿ ਵਸਿਆ ਲਿਵ ਲਾਈ॥		Sathigur Man Vasiaa Liv Laaee ||	Are lovingly focused on the True Guru, who dwells within their minds.	ਉਹਨਾਂ ਦੇ ਮਨ ਵਿਚ ਗੁਰੂ ਵੱਸਿਆ ਰਹਿੰਦਾ ਹੈ।
45892	1070	ਆਪਿ ਮਿਲਿਆ ਜਗਜੀਵਨੁ ਦਾਤਾ ਨਾਨਕ ਅੰਕਿ ਸਮਾਈ ਹੇ॥੧੬॥੧॥	ਜੱਗਜੀਵਨੁ	Aap Miliaa Jagajeevan Dhaathaa Naanak Ank Samaaee Hae ||16||1||	The Giver of life to the world Himself meets them; O Nanak, they are absorbed in His Being. ||16||1||	ਉਹ ਪ੍ਰਭੂ-ਚਰਨਾਂ ਵਿਚ ਸੁਰਤ ਜੋੜੀ ਰੱਖਦੇ ਹਨ। ਹੇ ਨਾਨਕ! ਉਹਨਾਂ ਨੂੰ ਜਗਤ ਦਾ ਸਹਾਰਾ ਦਾਤਾਰ ਆਪ ਆ ਮਿਲਦਾ ਹੈ, ਉਹ ਪ੍ਰਭੂ ਦੀ ਗੋਦ ਵਿਚ (ਪ੍ਰਭੂ-ਚਰਨਾਂ ਵਿਚ) ਸਮਾਏ ਰਹਿੰਦੇ ਹਨ ॥੧੬॥੧॥
45893	1070	ਮਾਰੂ ਮਹਲਾ ੪॥		Maaroo Mehalaa 4 ||	Maaroo, Fourth Mehl:	
45894	1070	ਹਰਿ ਅਗਮ ਅਗੋਚਰੁ ਸਦਾ ਅਬਿਨਾਸੀ॥		Har Agam Agochar Sadhaa Abinaasee ||	The Lord is inaccessible and unfathomable; He is eternal and imperishable.	ਪਰਮਾਤਮਾ ਅਪਹੁੰਚ ਹੈ, ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਸਦਾ ਹੀ ਨਾਸ ਰਹਿਤ ਹੈ,
45895	1070	ਸਰਬੇ ਰਵਿ ਰਹਿਆ ਘਟ ਵਾਸੀ॥		Sarabae Rav Rehiaa Ghatt Vaasee ||	He dwells in the heart, and is all-pervading, permeating everywhere.	ਸਭ ਜੀਵਾਂ ਵਿਚ ਵਿਆਪਕ ਹੈ, ਸਭ ਸਰੀਰਾਂ ਵਿਚ ਵੱਸਣ ਵਾਲਾ ਹੈ।

45896	1070	ਤਿਸੁ ਬਿਨੁ ਅਵਰੁ ਨ ਕੋਈ ਦਾਤਾ ਹਰਿ ਤਿਸਹਿ ਸਰੇਵਹੁ ਪ੍ਰਾਣੀ ਹੇ॥੧॥		This Bin Avar N Koee Dhaathaa Har Thisehi Saraevahu Praanee Hae ||1||	There is no other Giver except Him; worship the Lord, O mortals. ||1||	ਉਸ ਤੋਂ ਬਿਨਾ ਹੋਰ ਕੋਈ ਦਾਤਾ ਨਹੀਂ ਹੈ। ਹੇ ਪ੍ਰਾਣੀ! ਉਸੇ ਪਰਮਾਤਮਾ ਦਾ ਸਿਮਰਨ ਕਰਿਆ ਕਰੋ ॥੧॥
45897	1070	ਜਾ ਕਉ ਰਾਖੈ ਹਰਿ ਰਾਖਣਹਾਰਾ॥		Jaa Ko Raakhai Har Raakhanehaaraa ||	No one can kill anyone	ਬਚਾਣ ਦੀ ਸਮਰਥਾ ਵਾਲਾ ਪਰਮਾਤਮਾ ਜਿਸ (ਮਨੁੱਖ) ਦੀ ਰੱਖਿਆ ਕਰਦਾ ਹੈ,
45898	1070	ਤਾ ਕਉ ਕੋਇ ਨ ਸਾਕਸਿ ਮਾਰਾ॥		Thaa Ko Koe N Saakas Maaraa ||	Who is saved by the Savior Lord.	ਉਸ ਨੂੰ ਕੋਈ ਮਾਰ ਨਹੀਂ ਸਕਦਾ।
45899	1070	ਸੋ ਐਸਾ ਹਰਿ ਸੇਵਹੁ ਸੰਤਹੁ ਜਾ ਕੀ ਊਤਮ ਬਾਣੀ ਹੇ॥੨॥		So Aisaa Har Saevahu Santhahu Jaa Kee Ootham Baanee Hae ||2||	So serve such a Lord, O Saints, whose Bani is exalted and sublime. ||2||	ਹੇ ਸੰਤ ਜਨੋ! ਉਸ ਪਰਮਾਤਮਾ ਦੀ ਸੇਵਾ-ਭਗਤੀ ਕਰਿਆ ਕਰੋ। ਉਸ ਦੀ ਸਿਫ਼ਤ-ਸਾਲਾਹ ਦੀ ਬਾਣੀ ਜੀਵਨ ਨੂੰ ਉੱਚਾ ਕਰ ਦੇਂਦੀ ਹੈ ॥੨॥
45900	1070	ਜਾ ਜਾਪੈ ਕਿਛੁ ਕਿਥਾਊ ਨਾਹੀ॥	(ਕਿਥਾਊ) ਕਿਸੇ ਥਾਂ	Jaa Jaapai Kishh Kithhaaoo Naahee ||	When it seems that a place is empty and void,	ਜਦੋਂ ਇਹ ਸਮਝ ਆ ਜਾਂਦੀ ਹੈ ਕਿ ਕਿਤੇ ਭੀ ਕੋਈ ਚੀਜ਼ (ਸਦਾ-ਥਿਰ) ਨਹੀਂ ਹੈ,
45901	1070	ਤਾ ਕਰਤਾ ਭਰਪੂਰਿ ਸਮਾਹੀ॥		Thaa Karathaa Bharapoor Samaahee ||	There, the Creator Lord is permeating and pervading.	ਤਦੋਂ ਕਰਤਾਰ ਨੂੰ ਹੀ ਹਰ ਥਾਂ ਵਿਆਪਕ ਸਮਝੋ (ਜੋ ਸਦਾ ਕਾਇਮ ਰਹਿਣ ਵਾਲਾ ਹੈ)।

45902	1070	ਸੂਕੇ ਤੇ ਫੁਨਿ ਹਰਿਆ ਕੀਤੋਨੁ ਹਰਿ ਧਿਆਵਹੁ ਚੋਜ ਵਿਡਾਣੀ ਹੇ ॥੩॥		Sookae Thae Fun Hariaa Keethon Har Dhhiaavahu Choj Viddaanee Hae ||3||	He causes the dried-up branch to blossom forth in greenery again; so meditate on the Lord - wondrous are His ways! ||3||	ਉਹ ਕਰਤਾਰ ਸੁੱਕੇ ਤੋਂ ਹਰਾ ਕਰਨ ਵਾਲਾ ਹੈ। ਉਸ ਹਰੀ ਦਾ ਸਿਮਰਨ ਕਰਦੇ ਰਹੋ, ਉਹ ਅਸਚਰਜ ਕੌਤਕ ਕਰਨ ਵਾਲਾ ਹੈ ॥੩॥
45903	1070	ਜੋ ਜੀਆ ਕੀ ਵੇਦਨ ਜਾਣੈ॥	(ਵੇਦਨ) ਪੀੜਾ, ਹਾਲਤ। ਜੀਆਂ	Jo Jeeaa Kee Vaedhan Jaanai ||	The One who knows the anguish of all beings	ਹੇ ਭਾਈ! ਜੋ ਸਭ ਜੀਵਾਂ ਦੇ ਦਿਲ ਦੀ ਪੀੜ ਜਾਣਦਾ ਹੈ,
45904	1070	ਤਿਸੁ ਸਾਹਿਬ ਕੈ ਹਉ ਕੁਰਬਾਣੈ॥		This Saahib Kai Ho Kurabaanai ||	Unto that Lord and Master, I am a sacrifice.	ਮੈਂ ਤਾਂ ਉਸ ਮਾਲਕ ਤੋਂ ਸਦਾ ਸਦਕੇ ਜਾਂਦਾ ਹਾਂ।
45905	1070	ਤਿਸੁ ਆਗੈ ਜਨ ਕਰਿ ਬੇਨੰਤੀ ਜੋ ਸਰਬ ਸੁਖਾ ਕਾ ਦਾਣੀ ਹੇ॥੪॥		This Aagai Jan Kar Baenanthee Jo Sarab Sukhaa Kaa Dhaanee Hae ||4||	Offer your prayers to the One who is the Giver of all peace and joy. ||4||	ਹੇ ਭਾਈ! ਉਸ ਪਰਮਾਤਮਾ ਦੀ ਹਜ਼ੂਰੀ ਵਿਚ ਅਰਦਾਸ ਕਰਿਆ ਕਰ, ਜਿਹੜਾ ਸਾਰੇ ਸੁਖਾਂ ਦਾ ਦੇਣ ਵਾਲਾ ਹੈ ॥੪॥
45906	1070	ਜੋ ਜੀਐ ਕੀ ਸਾਰ ਨ ਜਾਣੈ॥		Jo Jeeai Kee Saar N Jaanai ||	But one who does not know the state of the soul	ਜਿਹੜਾ ਮਨੁੱਖ (ਕਿਸੇ ਹੋਰ ਦੀ) ਜਿੰਦ ਦਾ ਦੁੱਖ-ਦਰਦ ਨਹੀਂ ਸਮਝ ਸਕਦਾ,
45907	1070	ਤਿਸੁ ਸਿਉ ਕਿਛੁ ਨ ਕਹੀਐ ਅਜਾਣੈ॥		This Sio Kishh N Keheeai Ajaanai ||	Do not say anything to such an ignorant person.	ਉਸ ਮੂਰਖ ਨਾਲ (ਆਪਣੇ ਦੁੱਖ-ਦਰਦ ਦੀ) ਕੋਈ ਗੱਲ ਨਹੀਂ ਕਰਨੀ ਚਾਹੀਦੀ।

45908	1070	ਮੂਰਖ ਸਿਉ ਨਹ ਲੂਝੁ ਪਰਾਣੀ ਹਰਿ ਜਪੀਐ ਪਦੁ ਨਿਰਬਾਣੀ ਹੇ॥੫॥		Moorakh Sio Neh Loojh Paraanee Har Japeeai Padh Nirabaanee Hae ||5||	Do not argue with fools, O mortals. Meditate on the Lord, in the state of Nirvaanaa. ||5||	ਹੇ ਪ੍ਰਾਣੀ! ਉਸ ਮੂਰਖ ਨਾਲ ਕੋਈ ਝੇੜਾ ਨਾਹ ਕਰ। ਸਿਰਫ਼ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ, ਉਹੀ ਵਾਸਨਾ-ਰਹਿਤ ਆਤਮਕ ਦਰਜਾ ਦੇਣ ਵਾਲਾ ਹੈ ॥੫॥
45909	1070	ਨਾ ਕਰਿ ਚਿੰਤ ਚਿੰਤਾ ਹੈ ਕਰਤੇ॥		Naa Kar Chinth Chinthaa Hai Karathae ||	Don't worry - let the Creator take care of it.	(ਰੋਜ਼ੀ ਦੀ ਖ਼ਾਤਰ) ਚਿੰਤਾ-ਫ਼ਿਕਰ ਨਾਹ ਕਰ, ਇਹ ਫ਼ਿਕਰ ਕਰਤਾਰ ਨੂੰ ਹੈ।
45910	1070	ਹਰਿ ਦੇਵੈ ਜਲਿ ਥਲਿ ਜੰਤਾ ਸਭਤੈ॥	(ਸਭਤੈ) ਸਭ ਤਾਈਂ,ਸਭ ਥਾਂ	Har Dhaevai Jal Thhal Janthaa Sabhathai ||	The Lord gives to all creatures in the water and on the land.	ਉਹ ਕਰਤਾਰ ਜਲ ਵਿਚ ਧਰਤੀ ਵਿਚ (ਵੱਸਣ ਵਾਲੇ) ਸਭ ਜੀਵਾਂ ਨੂੰ (ਰਿਜ਼ਕ) ਦੇਂਦਾ ਹੈ।
45911	1070	ਅਚਿੰਤ ਦਾਨੁ ਦੇਇ ਪ੍ਰਭੁ ਮੇਰਾ ਵਿਚਿ ਪਾਥਰ ਕੀਟ ਪਖਾਣੀ ਹੇ॥੬॥		Achinth Dhaan Dhaee Prabh Maeraa Vich Paathhar Keett Pakhaanee Hae ||6||	My God bestows His blessings without being asked, even to worms in soil and stones. ||6||	ਮੇਰਾ ਪ੍ਰਭੂ ਉਹ ਉਹ ਦਾਤ ਦੇਂਦਾ ਹੈ ਜਿਸ ਦਾ ਸਾਨੂੰ ਚਿੱਤ-ਚੇਤਾ ਭੀ ਨਹੀਂ ਹੁੰਦਾ। ਪੱਥਰਾਂ ਵਿਚ ਵੱਸਣ ਵਾਲੇ ਕੀੜਿਆਂ ਨੂੰ ਭੀ (ਰਿਜ਼ਕ) ਦੇਂਦਾ ਹੈ ॥੬॥
45912	1070	ਨਾ ਕਰਿ ਆਸ ਮੀਤ ਸੁਤ ਭਾਈ॥		Naa Kar Aas Meeth Suth Bhaaee ||	Do not place your hopes in friends, children and siblings.	ਮਿੱਤਰ ਦੀ, ਪੁੱਤਰ ਦੀ, ਭਰਾ ਦੀ-ਕਿਸੇ ਦੀ ਭੀ ਆਸ ਨਾਹ ਕਰ।
45913	1070	ਨਾ ਕਰਿ ਆਸ ਕਿਸੈ ਸਾਹ ਬਿਉਹਾਰ ਕੀ ਪਰਾਈ॥		Naa Kar Aas Kisai Saah Biouhaar Kee Paraaee ||	Do not place your hopes in kings or the business of others.	ਕਿਸੇ ਸ਼ਾਹ ਦੀ, ਕਿਸੇ ਵਿਹਾਰ ਦੀ-ਕੋਈ ਭੀ ਪਰਾਈ ਆਸ ਨਾਹ ਕਰ।

45914	1070	ਬਿਨੁ ਹਰਿ ਨਾਵੈ ਕੋ ਬੇਲੀ ਨਾਹੀ ਹਰਿ ਜਪੀਐ ਸਾਰੰਗਪਾਣੀ ਹੇ॥੭॥		Bin Har Naavai Ko Baelee Naahee Har Japeeai Saarangapaanee Hae ||7||	Without the Lord's Name, no one will be your helper; so meditate on the Lord, the Lord of the world. ||7||	ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਮਦਦਗਾਰ ਨਹੀਂ। ਉਸ ਪਰਮਾਤਮਾ ਦਾ ਹੀ ਨਾਮ ਜਪਣਾ ਚਾਹੀਦਾ ਹੈ ॥੭॥
45915	1070	ਅਨ ਦਿਨੁ ਨਾਮੁ ਜਪਹੁ ਬਨਵਾਰੀ॥		Anadhin Naam Japahu Banavaaree ||	Night and day, chant the Naam.	ਹਰ ਵੇਲੇ ਪਰਮਾਤਮਾ ਦਾ ਹੀ ਨਾਮ ਜਪਦੇ ਰਹੋ।
45916	1070	ਸਭ ਆਸਾ ਮਨਸਾ ਪੂਰੈ ਥਾਰੀ॥		Sabh Aasaa Manasaa Poorai Thhaaree ||	All your hopes and desires shall be fulfilled.	ਉਹੀ ਤੇਰੀ ਹਰੇਕ ਆਸ ਪੂਰੀ ਕਰਦਾ ਹੈ, ਤੇਰਾ ਹਰੇਕ ਫੁਰਨਾ ਪੂਰਾ ਕਰਦਾ ਹੈ।
45917	1070	ਜਨ ਨਾਨਕ ਨਾਮੁ ਜਪਹੁ ਭਵ ਖੰਡਨੁ ਸੁਖਿ ਸਹਜੇ ਰੈਣਿ ਵਿਹਾਣੀ ਹੇ॥੮॥		Jan Naanak Naam Japahu Bhav Khanddan Sukh Sehajae Rain Vihaanee Hae ||8||	O servant Nanak, chant the Naam, the Name of the Destroyer of fear, and your life-night shall pass in intuitive peace and poise. ||8||	ਹੇ ਦਾਸ ਨਾਨਕ! ਸਦਾ ਹਰਿ-ਨਾਮ ਜਪਦੇ ਰਹੋ। ਹਰਿ-ਨਾਮ ਜਨਮ ਮਰਨ ਦੇ ਗੇੜ ਦਾ ਨਾਸ ਕਰਨ ਵਾਲਾ ਹੈ। (ਜਿਹੜਾ ਮਨੁੱਖ ਜਪਦਾ ਹੈ ਉਸ ਦੀ) ਉਮਰ-ਰਾਤ ਸੁਖ ਵਿਚ ਆਤਮਕ ਅਡੋਲਤਾ ਵਿਚ ਬੀਤਦੀ ਹੈ ॥੮॥
45918	1070	ਜਿਨਿ ਹਰਿ ਸੇਵਿਆ ਤਿਨਿ ਸੁਖੁ ਪਾਇਆ॥		Jin Har Saeviaa Thin Sukh Paaeiaa ||	Those who serve the Lord find peace.	ਜਿਸ ਮਨੁੱਖ ਨੇ ਪਰਮਾਤਮਾ ਦੀ ਭਗਤੀ ਕੀਤੀ ਉਸ ਨੇ ਸੁਖ ਪ੍ਰਾਪਤ ਕੀਤਾ।

45919	1070	ਸਹਜੇ ਹੀ ਹਰਿ ਨਾਮਿ ਸਮਾਇਆ॥		Sehajae Hee Har Naam Samaaeiaa ||	They are intuitively absorbed in the Lord's Name.	ਉਹ ਬਿਨਾ ਕਿਸੇ (ਤਪ ਆਦਿਕ) ਜਤਨ ਦੇ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ।
45920	1070	ਜੋ ਸਰਣਿ ਪਰੈ ਤਿਸ ਕੀ ਪਤਿ ਰਾਖੈ ਜਾਇ ਪੂਛਹੁ ਵੇਦ ਪੁਰਾਣੀ ਹੇ॥੯॥		Jo Saran Parai This Kee Path Raakhai Jaae Pooshhahu Vaedh Puraanee Hae ||9||	The Lord preserves the honor of those who seek His Sanctuary; go and consult the Vedas and the Puraanas. ||9||	ਬੇਸ਼ੱਕ ਵੇਦਾਂ ਪੁਰਾਣਾਂ (ਦੇ ਪੜ੍ਹਨ ਵਾਲਿਆਂ) ਪਾਸੋਂ ਜਾ ਕੇ ਪੁੱਛ ਲਵੋ। ਜਿਹੜਾ ਮਨੁੱਖ ਪਰਮਾਤਮਾ ਦੀ ਸਰਨ ਪੈਂਦਾ ਹੈ, ਪਰਮਾਤਮਾ ਉਸ ਦੀ ਲਾਜ ਰੱਖਦਾ ਹੈ ॥੯॥
45921	1070	ਜਿਸੁ ਹਰਿ ਸੇਵਾ ਲਾਏ ਸੋਈ ਜਨੁ ਲਾਗੈ॥		Jis Har Saevaa Laaeae Soee Jan Laagai ||	That humble being is attached to the Lord's service, whom the Lord so attaches.	ਪਰ, ਉਹੀ ਮਨੁੱਖ ਪਰਮਾਤਮਾ ਦੀ ਭਗਤੀ ਵਿਚ ਲੱਗਦਾ ਹੈ, ਜਿਸ ਨੂੰ ਪਰਮਾਤਮਾ ਆਪ ਲਾਂਦਾ ਹੈ।
45922	1070	ਗੁਰ ਕੈ ਸਬਦਿ ਭਰਮ ਭਉ ਭਾਗੈ॥		Gur Kai Sabadh Bharam Bho Bhaagai ||	Through the Word of the Guru's Shabad, doubt and fear are dispelled.	ਗੁਰੂ ਦੇ ਸ਼ਬਦ ਦੀ ਬਰਕਤ ਨਾਲ ਉਸ ਮਨੁੱਖ ਦੀ ਭਟਕਣਾ ਉਸ ਦਾ ਡਰ ਦੂਰ ਹੋ ਜਾਂਦਾ ਹੈ।
45923	1070	ਵਿਚੇ ਗ੍ਰਿਹ ਸਦਾ ਰਹੈ ਉਦਾਸੀ ਜਿਉ ਕਮਲੁ ਰਹੈ ਵਿਚਿ ਪਾਣੀ ਹੇ॥੧੦॥		Vichae Grih Sadhaa Rehai Oudhaasee Jio Kamal Rehai Vich Paanee Hae ||10||	In his own home, he remains unattached, like the lotus flower in the water. ||10||	ਜਿਵੇਂ ਕੌਲ ਫੁੱਲ ਪਾਣੀ ਵਿਚ (ਪਾਣੀ ਤੋਂ) ਨਿਰਲੇਪ ਰਹਿੰਦਾ ਹੈ, ਤਿਵੇਂ ਉਹ ਮਨੁੱਖ ਗ੍ਰਿਹਸਤ ਦੇ ਵਿਚ ਹੀ (ਮਾਇਆ ਤੋਂ) ਸਦਾ ਉਪਰਾਮ ਰਹਿੰਦਾ ਹੈ ॥੧੦॥

45924	1071	ਵਿਚਿ ਹਉਮੈ ਸੇਵਾ ਥਾਇ ਨ ਪਾਏ॥		Vich Houmai Saevaa Thhaae N Paaeae ||	One who serves in egotism is not accepted or approved.	ਹਉਮੈ-ਅਹੰਕਾਰ ਵਿਚ ਕੀਤੀ ਹੋਈ ਸੇਵਾ-ਭਗਤੀ ਪਰਵਾਨ ਨਹੀਂ ਹੁੰਦੀ,
45925	1071	ਜਨਮਿ ਮਰੈ ਫਿਰਿ ਆਵੈ ਜਾਏ॥		Janam Marai Fir Aavai Jaaeae ||	Such a person is born, only to die again, and come and go in reincarnation.	ਉਹ ਮਨੁੱਖ (ਤਾਂ ਸਗੋਂ) ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ।
45926	1071	ਸੋ ਤਪੁ ਪੂਰਾ ਸਾਈ ਸੇਵਾ ਜੋ ਹਰਿ ਮੇਰੇ ਮਨਿ ਭਾਣੀ ਹੇ॥੧੧॥	ਸਾਂਈਂ	So Thap Pooraa Saaee Saevaa Jo Har Maerae Man Bhaanee Hae ||11||	Perfect is that penance and that service, which is pleasing to the Mind of my Lord. ||11||	ਉਹੀ ਹੈ ਪੂਰਾ ਤਪ, ਉਹੀ ਹੈ ਸੇਵਾ-ਭਗਤੀ, ਜਿਹੜੀ ਮੇਰੇ ਪ੍ਰਭੂ ਦੇ ਮਨ ਵਿਚ ਪਿਆਰੀ ਲੱਗਦੀ ਹੈ (ਪ੍ਰਭੂ ਦੀ ਰਜ਼ਾ ਵਿਚ ਤੁਰਨਾ ਹੀ ਸਹੀ ਰਸਤਾ ਹੈ) ॥੧੧॥
45927	1071	ਹਉ ਕਿਆ ਗੁਣ ਤੇਰੇ ਆਖਾ ਸੁਆਮੀ॥		Ho Kiaa Gun Thaerae Aakhaa Suaamee ||	What Glorious Virtues of Yours should I chant, O my Lord and Master?	ਹੇ ਮੇਰੇ ਮਾਲਕ! ਮੈਂ ਤੇਰੇ ਕਿਹੜੇ ਕਿਹੜੇ ਗੁਣ ਬਿਆਨ ਕਰਾਂ?
45928	1071	ਤੂ ਸਰਬ ਜੀਆ ਕਾ ਅੰਤਰਜਾਮੀ॥		Thoo Sarab Jeeaa Kaa Antharajaamee ||	You are the Inner-knower, the Searcher of all souls.	ਤੂੰ ਸਭ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਹੈਂ।
45929	1071	ਹਉ ਮਾਗਉ ਦਾਨੁ ਤੁਝੈ ਪਹਿ ਕਰਤੇ ਹਰਿ ਅਨ ਦਿਨੁ ਨਾਮੁ ਵਖਾਣੀ ਹੇ॥੧੨॥		Ho Maago Dhaan Thujhai Pehi Karathae Har Anadhin Naam Vakhaanee Hae ||12||	I beg for blessings from You, O Creator Lord; I repeat Your Name night and day. ||12||	ਹੇ ਕਰਤਾਰ! ਮੈਂ ਤੇਰੇ ਹੀ ਪਾਸੋਂ ਇਹ ਦਾਨ ਮੰਗਦਾ ਹਾਂ ਕਿ ਮੈਂ ਹਰ ਵੇਲੇ ਤੇਰਾ ਨਾਮ ਉਚਾਰਦਾ ਰਹਾਂ ॥੧੨॥

45930	1071	ਕਿਸ ਹੀ ਜੋਰੁ ਅਹੰਕਾਰ ਬੋਲਣ ਕਾ॥	ਅਹੰ-ਕਾਰ	Kis Hee Jor Ahankaar Bolan Kaa ||	Some speak in egotistical power.	ਕਿਸੇ ਦੇ ਅੰਦਰ ਚੰਗਾ ਬੋਲ ਸਕਣ ਦੇ ਅਹੰਕਾਰ ਦਾ ਤਾਣ ਹੈ।
45931	1071	ਕਿਸ ਹੀ ਜੋਰੁ ਦੀਬਾਨ ਮਾਇਆ ਕਾ॥		Kis Hee Jor Dheebaan Maaeiaa Kaa ||	Some have the power of authority and Maya.	ਕਿਸੇ ਨੂੰ ਮਾਇਆ ਦੇ ਆਸਰੇ ਦਾ ਤਾਣ ਹੈ।
45932	1071	ਮੈ ਹਰਿ ਬਿਨੁ ਟੇਕ ਧਰ ਅਵਰ ਨ ਕਾਈ ਤੂ ਕਰਤੇ ਰਾਖੁ ਮੈ ਨਿਮਾਣੀ ਹੇ॥੧੩॥		Mai Har Bin Ttaek Dhhar Avar N Kaaee Thoo Karathae Raakh Mai Nimaanee Hae ||13||	I have no other Support at all, except the Lord. O Creator Lord, please save me, meek and dishonored. ||13||	ਮੈਨੂੰ ਪਰਮਾਤਮਾ ਤੋਂ ਬਿਨਾ ਕੋਈ ਆਸਰਾ ਨਹੀਂ ਕੋਈ ਸਹਾਰਾ ਨਹੀਂ। ਹੇ ਕਰਤਾਰ! ਮੇਰੀ ਨਿਮਾਣੀ ਦੀ ਰੱਖਿਆ ਤੂੰ ਹੀ ਕਰ ॥੧੩॥
45933	1071	ਨਿਮਾਣੇ ਮਾਣੁ ਕਰਹਿ ਤੁਧੁ ਭਾਵੈ॥		Nimaanae Maan Karehi Thudhh Bhaavai ||	You bless the meek and dishonored with honor, as it pleases You, O Lord.	ਹੇ ਸੁਆਮੀ! ਤੂੰ ਨਿਮਾਣੇ ਦਾ ਮਾਣ ਹੈਂ। ਜੋ ਤੈਨੂੰ ਚੰਗਾ ਲੱਗਦਾ ਹੈ, ਉਹੀ ਤੂੰ ਕਰਦਾ ਹੈਂ।
45934	1071	ਹੋਰ ਕੇਤੀ ਝਖਿ ਝਖਿ ਆਵੈ ਜਾਵੈ॥	ਝਖਿ: ਪੋਲਾ ਬੋਲੋ	Hor Kaethee Jhakh Jhakh Aavai Jaavai ||	Many others argue in conflict, coming and going in reincarnation.	(ਤੇਰੀ ਰਜ਼ਾ ਤੋਂ ਲਾਂਭੇ ਜਾਣ ਦਾ ਜਤਨ ਕਰ ਕੇ) ਬੇਅੰਤ ਲੁਕਾਈ ਖ਼ੁਆਰ ਹੋ ਹੋ ਕੇ ਜਨਮ ਮਰਨ ਦੇ ਗੇੜ ਵਿਚ ਪੈਂਦੀ ਹੈ।

45935	1071	ਜਿਨ ਕਾ ਪਖੁ ਕਰਹਿ ਤੂ ਸੁਆਮੀ ਤਿਨ ਕੀ ਊਪਰਿ ਗਲ ਤੁਧੁ ਆਣੀ ਹੇ॥੧੪॥	ਪੱਖੁ। ਗੱਲ	Jin Kaa Pakh Karehi Thoo Suaamee Thin Kee Oopar Gal Thudhh Aanee Hae ||14||	Those people, whose side You take, O Lord and Master, are elevated and successful. ||14||	ਹੇ ਸੁਆਮੀ! ਤੂੰ ਜਿਨ੍ਹਾਂ ਦਾ ਪੱਖ ਕਰਦਾ ਹੈਂ, ਉਹਨਾਂ ਦੀ ਗੱਲ ਹਰ ਥਾਂ ਮੰਨੀ ਜਾਂਦੀ ਹੈ ॥੧੪॥
45936	1071	ਹਰਿ ਹਰਿ ਨਾਮੁ ਜਿਨੀ ਸਦਾ ਧਿਆਇਆ॥		Har Har Naam Jinee Sadhaa Dhhiaaeiaa ||	Those who meditate forever on the Name of the Lord, Har, Har,	ਜਿਨ੍ਹਾਂ ਮਨੁੱਖਾਂ ਨੇ ਸਦਾ ਪਰਮਾਤਮਾ ਦਾ ਨਾਮ ਸਿਮਰਿਆ,
45937	1071	ਤਿਨੀ ਗੁਰ ਪਰਸਾਦਿ ਪਰਮਪਦੁ ਪਾਇਆ॥		Thinee Gur Parasaadh Param Padh Paaeiaa ||	By Guru's Grace, obtain the supreme status.	ਉਹਨਾਂ ਗੁਰੂ ਦੀ ਕਿਰਪਾ ਨਾਲ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲਿਆ।
45938	1071	ਜਿਨਿ ਹਰਿ ਸੇਵਿਆ ਤਿਨਿ ਸੁਖੁ ਪਾਇਆ ਬਿਨੁ ਸੇਵਾ ਪਛੋਤਾਣੀ ਹੇ ॥੧੫॥		Jin Har Saeviaa Thin Sukh Paaeiaa Bin Saevaa Pashhothaanee Hae ||15||	Those who serve the Lord find peace; without serving Him, they regret and repent. ||15||	ਜਿਸ ਮਨੁੱਖ ਨੇ ਪਰਮਾਤਮਾ ਦੀ ਸੇਵਾ-ਭਗਤੀ ਕੀਤੀ, ਉਸ ਨੇ ਸੁਖ ਮਾਣਿਆ। ਪ੍ਰਭੂ ਦੀ ਸੇਵਾ-ਭਗਤੀ ਤੋਂ ਬਿਨਾ ਲੁਕਾਈ ਪਛੁਤਾਂਦੀ ਹੈ ॥੧੫॥

45939	1071	ਤੂ ਸਭ ਮਹਿ ਵਰਤਹਿ ਹਰਿ ਜਗੰਨਾਥੁ॥		Thoo Sabh Mehi Varathehi Har Jagannaathh ||	You are pervading all, O Lord of the world.	ਹੇ ਹਰੀ! ਤੂੰ ਜਗਤ ਦਾ ਨਾਥ ਹੈਂ। ਤੂੰ ਸਭ ਵਿਚ ਵਿਆਪਕ ਹੈਂ।
45940	1071	ਸੋ ਹਰਿ ਜਪੈ ਜਿਸੁ ਗੁਰ ਮਸਤਕਿ ਹਾਥੁ॥		So Har Japai Jis Gur Masathak Haathh ||	He alone meditates on the Lord, upon whose forehead the Guru places His hand.	ਉਹੀ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਹੈ ਜਿਸ ਦੇ ਮੱਥੇ ਉੱਤੇ ਗੁਰੂ ਦਾ ਹੱਥ ਹੁੰਦਾ ਹੈ।
45941	1071	ਹਰਿ ਕੀ ਸਰਣਿ ਪਇਆ ਹਰਿ ਜਾਪੀ ਜਨੁ ਨਾਨਕੁ ਦਾਸੁ ਦਸਾਣੀ ਹੇ॥੧੬॥੨॥		Har Kee Saran Paeiaa Har Jaapee Jan Naanak Dhaas Dhasaanee Hae ||16||2||	Entering the Sanctuary of the Lord, I meditate on the Lord; servant Nanak is the slave of His slaves. ||16||2||	(ਮੈਂ ਭੀ) ਹਰੀ ਦੀ ਸਰਨ ਪਿਆ ਹਾਂ, ਮੈਂ ਭੀ ਹਰੀ ਦਾ ਨਾਮ ਜਪਦਾ ਹਾਂ। ਦਾਸ ਨਾਨਕ ਹਰੀ ਦੇ ਦਾਸਾਂ ਦਾ ਦਾਸ ਹੈ ॥੧੬॥੨॥
45942	1071	ਮਾਰੂ ਸੋਲਹੇ ਮਹਲਾ ੫		Maaroo Solehae Mehalaa 5	Maaroo, Solahas, Fifth Mehl:	ਰਾਗ ਮਾਰੂ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਸੋਹਲੇ' (੧੬ ਬੰਦਾਂ ਵਾਲੀ ਬਾਣੀ)।
45943	1071	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
45944	1071	ਕਲਾ ਉਪਾਇ ਧਰੀ ਜਿਨਿ ਧਰਣਾ॥		Kalaa Oupaae Dhharee Jin Dhharanaa ||	He infused His power into the earth.	ਜਿਸ ਪਰਮਾਤਮਾ ਨੇ (ਆਪਣੇ ਹੀ ਅੰਦਰੋਂ) ਸ਼ਕਤੀ ਪੈਦਾ ਕਰ ਕੇ ਧਰਤੀ ਸਾਜੀ ਹੈ,

45945	1071	ਗਗਨੁ ਰਹਾਇਆ ਹੁਕਮੇ ਚਰਣਾ॥		Gagan Rehaaeiaa Hukamae Charanaa ||	He suspends the heavens upon the feet of His Command.	ਜਿਸ ਨੇ ਆਪਣੇ ਹੁਕਮ ਦਾ ਹੀ ਆਸਰਾ ਦੇ ਕੇ ਆਕਾਸ਼ ਨੂੰ ਥੰਮ੍ਹ ਰੱਖਿਆ ਹੈ,
45946	1071	ਅਗਨਿ ਉਪਾਇ ਈਧਨ ਮਹਿ ਬਾਧੀ ਸੋ ਪ੍ਰਭੁ ਰਾਖੈ ਭਾਈ ਹੇ॥੧॥	ਬੱਾਧੀ	Agan Oupaae Eedhhan Mehi Baadhhee So Prabh Raakhai Bhaaee Hae ||1||	He created fire and locked it into wood. That God protects all, O Siblings of Destiny. ||1||	ਜਿਸ ਨੇ ਅੱਗ ਪੈਦਾ ਕਰ ਕੇ ਇਸ ਨੂੰ ਲੱਕੜਾਂ ਵਿਚ ਬੰਨ੍ਹ ਰੱਖਿਆ ਹੈ, ਉਹੀ ਪਰਮਾਤਮਾ (ਸਭ ਜੀਵਾਂ ਦੀ) ਰੱਖਿਆ ਕਰਦਾ ਹੈ ॥੧॥
45947	1071	ਜੀਅ ਜੰਤ ਕਉ ਰਿਜਕੁ ਸੰਬਾਹੇ॥		Jeea Janth Ko Rijak Sanbaahae ||	He gives nourishment to all beings and creatures.	ਜਿਹੜਾ ਪਰਮਾਤਮਾ ਸਾਰੇ ਹੀ ਜੀਵਾਂ ਨੂੰ ਰਿਜ਼ਕ ਅਪੜਾਂਦਾ ਹੈ,
45948	1071	ਕਰਣ ਕਾਰਣ ਸਮਰਥ ਆਪਾਹੇ॥	ਸਮਰੱਥ	Karan Kaaran Samarathh Aapaahae ||	He Himself is the all-powerful Creator, the Cause of causes.	ਜੋ ਸ੍ਰਿਸ਼ਟੀ ਦਾ ਮੂਲ ਹੈ, ਜੋ ਸਭ ਤਾਕਤਾਂ ਦਾ ਮਾਲਕ ਤੇ ਨਿਰਲੇਪ ਹੈ,
45949	1071	ਖਿਨ ਮਹਿ ਥਾਪਿ ਉਥਾਪਨਹਾਰਾ ਸੋਈ ਤੇਰਾ ਸਹਾਈ ਹੇ॥੨॥		Khin Mehi Thhaap Outhhaapanehaara Soee Thaeraa Sehaaee Hae ||2||	In an instant, He establishes and disestablishes; He is your help and support. ||2||	ਜੋ ਇਕ ਛਿਨ ਵਿਚ ਪੈਦਾ ਕਰ ਕੇ ਨਾਸ ਕਰਨ ਦੀ ਸਮਰੱਥਾ ਰੱਖਦਾ ਹੈ, ਉਹੀ ਪਰਮਾਤਮਾ (ਹਰ ਵੇਲੇ) ਤੇਰਾ ਭੀ ਮਦਦਗਾਰ ਹੈ ॥੨॥
45950	1071	ਮਾਤ ਗਰਭ ਮਹਿ ਜਿਨਿ ਪ੍ਰਤਿਪਾਲਿਆ॥		Maath Garabh Mehi Jin Prathipaaliaa ||	He cherished you in your mother's womb.	ਜਿਸ ਪਰਮਾਤਮਾ ਨੇ ਮਾਂ ਦੇ ਪੇਟ ਵਿਚ (ਤੇਰੀ) ਪਾਲਣਾ ਕੀਤੀ,

45951	1071	ਸਾਸਿ ਗ੍ਰਾਸਿ ਹੋਇ ਸੰਗਿ ਸਮਾਲਿਆ॥		Saas Graas Hoe Sang Samaaliaa ||	With every breath and morsel of food, He is with you, and takes care of you.	ਤੇਰੇ ਹਰੇਕ ਸਾਹ ਦੇ ਨਾਲ ਤੇਰੀ ਹਰੇਕ ਗਿਰਾਹੀ ਦੇ ਨਾਲ ਤੇਰਾ ਸੰਗੀ ਬਣ ਕੇ ਤੇਰੀ ਸੰਭਾਲ ਕੀਤੀ,
45952	1071	ਸਦਾ ਸਦਾ ਜਪੀਐ ਸੋ ਪ੍ਰੀਤਮੁ ਵਡੀ ਜਿਸੁ ਵਡਿਆਈ ਹੇ॥੩॥		Sadhaa Sadhaa Japeeai So Preetham Vaddee Jis Vaddiaaee Hae ||3||	Forever and ever, meditate on that Beloved; Great is His glorious greatness! ||3||	ਜਿਸ ਪਰਮਾਤਮਾ ਦੀ ਇਤਨੀ ਵੱਡੀ ਵਡਿਆਈ ਹੈ, ਉਸ ਪ੍ਰੀਤਮ ਪ੍ਰਭੂ ਨੂੰ ਸਦਾ ਹੀ ਸਦਾ ਹੀ ਜਪਣਾ ਚਾਹੀਦਾ ਹੈ ॥੩॥
45953	1071	ਸੁਲਤਾਨ ਖਾਨ ਕਰੇ ਖਿਨ ਕੀਰੇ॥		Sulathaan Khaan Karae Khin Keerae ||	The sultans and nobles are reduced to dust in an instant.	ਉਹ ਪਰਮਾਤਮਾ ਪਾਤਿਸ਼ਾਹਾਂ ਤੇ ਖ਼ਾਨਾਂ ਨੂੰ ਇਕ ਛਿਨ ਵਿਚ ਕੀੜੇ (ਕੰਗਾਲ) ਬਣਾ ਦੇਂਦਾ ਹੈ,
45954	1071	ਗਰੀਬ ਨਿਵਾਜਿ ਕਰੇ ਪ੍ਰਭੁ ਮੀਰੇ॥		Gareeb Nivaaj Karae Prabh Meerae ||	God cherishes the poor, and makes them into rulers.	ਗ਼ਰੀਬਾਂ ਨੂੰ ਉੱਚੇ ਕਰ ਕੇ ਅਮੀਰ ਬਣਾ ਦੇਂਦਾ ਹੈ।
45955	1071	ਗਰਬ ਨਿਵਾਰਣ ਸਰਬ ਸਧਾਰਣ ਕਿਛੁ ਕੀਮਤਿ ਕਹੀ ਨ ਜਾਈ ਹੇ॥੪॥		Garab Nivaaran Sarab Sadhhaaran Kishh Keemath Kehee N Jaaee Hae ||4||	He is the Destroyer of egotistical pride, the Support of all. His value cannot be estimated. ||4||	ਉਹ ਪਰਮਾਤਮਾ (ਅਹੰਕਾਰੀਆਂ ਦਾ) ਅਹੰਕਾਰ ਦੂਰ ਕਰਨ ਵਾਲਾ ਹੈ, ਉਹ ਪਰਮਾਤਮਾ ਸਭ ਦਾ ਆਸਰਾ ਹੈ, ਉਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ ॥੪॥
45956	1071	ਸੋ ਪਤਿਵੰਤਾ ਸੋ ਧਨਵੰਤਾ॥		So Pathivanthaa So Dhhanavanthaa ||	He alone is honorable, and he alone is wealthy,	ਉਹੀ (ਅਸਲ) ਇੱਜ਼ਤ-ਦਾਰ ਹੈ ਉਹੀ (ਅਸਲ) ਧਨਾਢ ਹੈ।

45957	1071	ਜਿਸੁ ਮਨਿ ਵਸਿਆ ਹਰਿ ਭਗਵੰਤਾ॥		Jis Man Vasiaa Har Bhagavanthaa ||	Within whose mind the Lord God abides.	ਜਿਸ ਮਨੁੱਖ ਦੇ ਮਨ ਵਿਚ ਹਰੀ ਭਗਵਾਨ ਆ ਵੱਸਦਾ ਹੈ।
45958	1071	ਮਾਤ ਪਿਤਾ ਸੁਤ ਬੰਧਪ ਭਾਈ ਜਿਨਿ ਇਹ ਸ੍ਰਿਸਟਿ ਉਪਾਈ ਹੇ॥੫॥		Maath Pithaa Suth Bandhhap Bhaaee Jin Eih Srisatt Oupaaee Hae ||5||	He alone is my mother, father, child, relative and sibling, who created this Universe. ||5||	ਜਿਸ ਪਰਮਾਤਮਾ ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹੀ ਹੈ ਮਾਂ ਪਿਉ, ਉਹੀ ਹੈ ਪੁੱਤਰ ਰਿਸ਼ਤੇਦਾਰ ਤੇ ਭਰਾ (ਉਹੀ ਹੈ ਸਦਾ ਨਾਲ ਨਿਭਣ ਵਾਲਾ ਸਨਬੰਧੀ) ॥੫॥
45959	1071	ਪ੍ਰਭ ਆਏ ਸਰਣਾ ਭਉ ਨਹੀ ਕਰਣਾ॥		Prabh Aaeae Saranaa Bho Nehee Karanaa ||	I have come to God's Sanctuary, and so I fear nothing.	ਪ੍ਰਭੂ ਦੀ ਸਰਨ ਪਿਆਂ ਕਿਸੇ ਕਿਸਮ ਦਾ ਡਰ ਕਰਨ ਦੀ ਲੋੜ ਨਹੀਂ ਰਹਿੰਦੀ।
45960	1071	ਸਾਧਸੰਗਤਿ ਨਿਹਚਉ ਹੈ ਤਰਣਾ॥		Saadhhasangath Nihacho Hai Tharanaa ||	In the Saadh Sangat, the Company of the Holy, I am sure to be saved.	ਗੁਰੂ ਦੀ ਸੰਗਤ ਵਿਚ ਰਿਹਾਂ ਜ਼ਰੂਰ (ਸਾਰੇ ਡਰਾਂ ਤੋਂ) ਪਾਰ-ਉਤਾਰਾ ਹੋ ਜਾਂਦਾ ਹੈ।
45961	1071	ਮਨ ਬਚ ਕਰਮ ਅਰਾਧੇ ਕਰਤਾ ਤਿਸੁ ਨਾਹੀ ਕਦੇ ਸਜਾਈ ਹੇ॥੬॥		Man Bach Karam Araadhhae Karathaa This Naahee Kadhae Sajaaee Hae ||6||	One who adores the Creator in thought, word and deed, shall never be punished. ||6||	ਜਿਹੜਾ ਮਨੁੱਖ ਆਪਣੇ ਮਨ ਦੀ ਰਾਹੀਂ ਬਚਨਾਂ ਦੀ ਰਾਹੀਂ ਕੰਮਾਂ ਦੀ ਰਾਹੀਂ ਕਰਤਾਰ ਦਾ ਆਰਾਧਨ ਕਰਦਾ ਰਹਿੰਦਾ ਹੈ, ਉਸ ਨੂੰ ਕਦੇ ਕੋਈ ਕਸ਼ਟ ਨਹੀਂ ਪੋਹ ਸਕਦਾ ॥੬॥

45962	1071	ਗੁਣ ਨਿਧਾਨ ਮਨ ਤਨ ਮਹਿ ਰਵਿਆ॥		Gun Nidhhaan Man Than Mehi Raviaa ||	One whose mind and body are permeated with the Lord, the treasure of virtue,	ਜਿਹੜਾ ਮਨੁੱਖ ਆਪਣੇ ਮਨ ਵਿਚ ਆਪਣੇ ਤਨ ਵਿਚ ਪਰਮਾਤਮਾ ਨੂੰ ਯਾਦ ਰੱਖਦਾ ਹੈ,
45963	1071	ਜਨਮ ਮਰਣ ਕੀ ਜੋਨਿ ਨ ਭਵਿਆ॥		Janam Maran Kee Jon N Bhaviaa ||	Does not wander in birth, death and reincarnation.	ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਭਟਕਦਾ।
45964	1071	ਦੂਖ ਬਿਨਾਸ ਕੀਆ ਸੁਖਿ ਡੇਰਾ ਜਾ ਤ੍ਰਿਪਤਿ ਰਹੇ ਆਘਾਈ ਹੇ॥੭॥		Dhookh Binaas Keeaa Sukh Ddaeraa Jaa Thripath Rehae Aaghaaee Hae ||7||	Pain vanishes and peace prevails, when one is satisfied and fulfilled. ||7||	ਉਸ ਦੇ ਸਾਰੇ ਦੁੱਖਾਂ ਦਾ ਨਾਸ ਹੋ ਜਾਂਦਾ ਹੈ, ਉਹ ਸਦਾ ਲਈ ਆਤਮਕ ਆਨੰਦ ਵਿਚ ਟਿਕਾਣਾ ਬਣਾ ਲੈਂਦਾ ਹੈ, ਕਿਉਂਕਿ ਉਹ (ਤ੍ਰਿਸ਼ਨਾ ਵਲੋਂ) ਪੂਰਨ ਤੌਰ ਤੇ ਰੱਜਿਆ ਰਹਿੰਦਾ ਹੈ ॥੭॥
45965	1071	ਮੀਤੁ ਹਮਾਰਾ ਸੋਈ ਸੁਆਮੀ॥		Meeth Hamaaraa Soee Suaamee ||	My Lord and Master is my best friend.	ਉਹੀ ਮਾਲਕ-ਪ੍ਰਭੂ ਅਸਾਂ ਜੀਵਾਂ ਦਾ (ਅਸਲ) ਮਿੱਤਰ ਹੈ।
45966	1072	ਥਾਨ ਥਨੰਤਰਿ ਅੰਤਰਜਾਮੀ॥		Thhaan Thhananthar Antharajaamee ||	The Inner-knower, the Searcher of hearts, is in all places and interspaces.	ਉਸ ਪੂਰਨ ਦਿਲ ਦੀ ਜਾਣਨ ਵਾਲਾ ਉਹ ਪ੍ਰਭੂ ਹਰੇਕ ਥਾਂ ਵਿਚ ਵੱਸ ਰਿਹਾ ਹੈ।
45967	1072	ਸਿਮਰਿ ਸਿਮਰਿ ਪੂਰਨ ਪਰਮੇਸੁਰ ਚਿੰਤਾ ਗਣਤ ਮਿਟਾਈ ਹੇ॥੮॥		Simar Simar Pooran Paramaesur Chinthaa Ganath Mittaaee Hae ||8||	Meditating, meditating in remembrance on the Perfect Transcendent Lord, I am rid of all anxieties and calculations. ||8||	ਸਭ ਦੇ ਪਰਮੇਸਰ ਦਾ ਨਾਮ ਸਦਾ ਸਿਮਰ ਕੇ ਮਨੁੱਖ ਆਪਣੇ ਸਾਰੇ ਚਿੰਤਾ-ਫ਼ਿਕਰ ਮਿਟਾ ਲੈਂਦਾ ਹੈ ॥੮॥

45968	1072	ਹਰਿ ਕਾ ਨਾਮੁ ਕੋਟਿ ਲਖ ਬਾਹਾ॥	ਕੋਟਿ ਲੱਖਬਾਹਾਂ ਵਾਲੀ ਫ਼ੌਜ ਵਾਂਗ ਸਹਾਇਕ ਹਨ ਨਾਮੁ ਜੀ। ਬਾਹਾਂ	Har Kaa Naam Kott Lakh Baahaa ||	One who has the Name of the Lord has hundreds of thousands and millions of arms.	(ਜਿਵੇਂ ਵੈਰੀਆਂ ਦਾ ਟਾਕਰਾ ਕਰਨ ਲਈ ਬਹੁਤੀਆਂ ਬਾਹਾਂ ਬਹੁਤੇ ਭਰਾ ਤੇ ਸਾਥੀ ਮਨੁੱਖ ਵਾਸਤੇ ਸਹਾਰਾ ਹੁੰਦੇ ਹਨ, ਤਿਵੇਂ ਕਾਮਾਦਿਕ ਵੈਰੀਆਂ ਦੇ ਟਾਕਰੇ ਤੇ ਮਨੁੱਖ ਵਾਸਤੇ) ਪਰਮਾਤਮਾ ਦਾ ਨਾਮ (ਮਾਨੋ) ਲੱਖਾਂ ਕ੍ਰੋੜਾਂ ਬਾਹਾਂ ਹੈ,
45969	1072	ਹਰਿ ਜਸੁ ਕੀਰਤਨੁ ਸੰਗਿ ਧਨੁ ਤਾਹਾ॥		Har Jas Keerathan Sang Dhhan Thaahaa ||	The wealth of the Kirtan of the Lord's Praises is with him.	ਪਰਮਾਤਮਾ ਦਾ ਜਸ-ਕੀਰਤਨ ਉਸ ਦੇ ਪਾਸ ਧਨ ਹੈ।
45970	1072	ਗਿਆਨ ਖੜਗੁ ਕਰਿ ਕਿਰਪਾ ਦੀਨਾ ਦੂਤ ਮਾਰੇ ਕਰਿ ਧਾਈ ਹੇ॥੯॥		Giaan Kharrag Kar Kirapaa Dheenaa Dhooth Maarae Kar Dhhaaee Hae ||9||	In His Mercy, God has blessed me with the sword of spiritual wisdom; I have attacked and killed the demons. ||9||	ਜਿਸ ਮਨੁੱਖ ਨੂੰ ਪਰਮਾਤਮਾ ਆਤਮਕ ਜੀਵਨ ਦੀ ਸੂਝ ਦੀ ਤਲਵਾਰ ਕਿਰਪਾ ਕਰ ਕੇ ਦੇਂਦਾ ਹੈ, ਉਹ ਮਨੁੱਖ ਹੱਲਾ ਕਰ ਕੇ ਕਾਮਾਦਿਕ ਵੈਰੀਆਂ ਨੂੰ ਮਾਰ ਲੈਂਦਾ ਹੈ ॥੯॥
45971	1072	ਹਰਿ ਕਾ ਜਾਪੁ ਜਪਹੁ ਜਪੁ ਜਪਨੇ॥		Har Kaa Jaap Japahu Jap Japanae ||	Chant the Chant of the Lord, the Chant of Chants.	ਪਰਮਾਤਮਾ ਦੇ ਨਾਮ ਦਾ ਜਾਪ ਜਪਿਆ ਕਰੋ, ਇਹੀ ਜਪਣ-ਜੋਗ ਜਪ ਹੈ।
45972	1072	ਜੀਤਿ ਆਵਹੁ ਵਸਹੁ ਘਰਿ ਅਪਨੇ॥		Jeeth Aavahu Vasahu Ghar Apanae ||	Be a winner of the game of life and come to abide in your true home.	(ਇਸ ਜਪ ਦੀ ਬਰਕਤਿ ਨਾਲ ਕਾਮਾਦਿਕ ਵੈਰੀਆਂ ਨੂੰ) ਜਿੱਤ ਕੇ ਆਪਣੇ ਅਸਲ ਘਰ ਵਿਚ ਟਿਕੇ ਰਹੋਗੇ।

45973	1072	ਲਖ ਚਉਰਾਸੀਹ ਨਰਕ ਨ ਦੇਖਹੁ ਰਸਕਿ ਰਸਕਿ ਗੁਣ ਗਾਈ ਹੇ॥੧੦॥		Lakh Chouraaseeh Narak N Dhaekhahu Rasak Rasak Gun Gaaee Hae ||10||	You shall not see the 8.4 million types of hell; sing His Glorious Praises and remain saturated with loving devotion||10||	ਚੌਰਾਸੀ ਲੱਖ ਜੂਨਾਂ ਦੇ ਨਰਕ ਵੇਖਣੇ ਨਹੀਂ ਪੈਣਗੇ। (ਜਿਹੜਾ ਮਨੁੱਖ) ਪ੍ਰੇਮ ਨਾਲ ਪ੍ਰਭੂ ਦੇ ਗੁਣ ਗਾਂਦਾ ਹੈ (ਉਸ ਨੂੰ ਇਹ ਫਲ ਪ੍ਰਾਪਤ ਹੁੰਦਾ ਹੈ ॥੧੦॥
45974	1072	ਖੰਡ ਬ੍ਰਹਮੰਡ ਉਧਾਰਣਹਾਰਾ॥		Khandd Brehamandd Oudhhaaranehaara a ||	He is the Savior of worlds and galaxies.	ਪਰਮਾਤਮਾ ਖੰਡਾਂ ਬ੍ਰਹਮੰਡਾਂ ਦੇ ਜੀਵਾਂ ਨੂੰ ਵਿਕਾਰਾਂ ਤੋਂ ਬਚਾਣ-ਜੋਗ ਹੈ।
45975	1072	ਊਚ ਅਥਾਹ ਅਗੰਮ ਅਪਾਰਾ॥		Ooch Athhaah Aganm Apaaraa ||	He is lofty, unfathomable, inaccessible and infinite.	ਉਹ ਪ੍ਰਭੂ ਉੱਚਾ ਹੈ ਅਥਾਹ ਹੈ ਅਪਹੁੰਚ ਹੈ ਬੇਅੰਤ ਹੈ।
45976	1072	ਜਿਸ ਨੋ ਕ੍ਰਿਪਾ ਕਰੇ ਪ੍ਰਭੁ ਅਪਨੀ ਸੋ ਜਨੁ ਤਿਸਹਿ ਧਿਆਈ ਹੇ॥੧੧॥		Jis No Kirapaa Karae Prabh Apanee So Jan Thisehi Dhhiaaee Hae ||11||	That humble being, unto whom God grants His Grace, meditates on Him. ||11||	ਜਿਸ ਮਨੁੱਖ ਉਤੇ ਉਹ ਆਪਣੀ ਕਿਰਪਾ ਕਰਦਾ ਹੈ ਉਹ ਮਨੁੱਖ ਉਸੇ ਪ੍ਰਭੂ ਨੂੰ ਹੀ ਸਿਮਰਦਾ ਰਹਿੰਦਾ ਹੈ ॥੧੧॥
45977	1072	ਬੰਧਨ ਤੋੜਿ ਲੀਏ ਪ੍ਰਭਿ ਮੋਲੇ॥		Bandhhan Thorr Leeeae Prabh Molae ||	God has broken my bonds, and claimed me as His own.	ਜਿਸ ਮਨੁੱਖ ਦੇ (ਮਾਇਆ ਦੇ ਮੋਹ ਦੇ) ਬੰਧਨ ਤੋੜ ਕੇ ਪ੍ਰਭੂ ਨੇ ਉਸ ਨੂੰ ਆਪਣਾ ਬਣਾ ਲਿਆ,
45978	1072	ਕਰਿ ਕਿਰਪਾ ਕੀਨੇ ਘਰ ਗੋਲੇ॥		Kar Kirapaa Keenae Ghar Golae ||	In His Mercy, He has made me the slave of His home.	ਮਿਹਰ ਕਰ ਕੇ ਜਿਸ ਨੂੰ ਉਸ ਨੇ ਆਪਣੇ ਘਰ ਦਾ ਦਾਸ ਬਣਾ ਲਿਆ,

45979	1072	ਅਨਹਦ ਰੁਣ ਝੁਣਕਾਰੁ ਸਹਜ ਧੁਨਿ ਸਾਚੀ ਕਾਰ ਕਮਾਈ ਹੇ॥੧੨॥		Anehadh Run Jhunakaar Sehaj Dhhun Saachee Kaar Kamaaee Hae ||12||	The unstruck celestial sound current resounds and vibrates, when one performs acts of true service. ||12||	ਉਹ ਮਨੁੱਖ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਾਰ ਕਰਦਾ ਹੈ, ਉਸ ਦੇ ਅੰਦਰ ਆਤਮਕ ਅਡੋਲਤਾ ਦੀ ਤਾਰ ਬੱਝੀ ਰਹਿੰਦੀ ਹੈ, ਉਸ ਦੇ ਅੰਦਰ ਸਿਫ਼ਤ-ਸਾਲਾਹ ਦਾ (ਮਾਨੋ) ਲਗਾਤਾਰ ਮਿੱਠਾ ਸੁਰੀਲਾ ਰਾਗ ਹੁੰਦਾ ਰਹਿੰਦਾ ਹੈ ॥੧੨॥
45980	1072	ਮਨਿ ਪਰਤੀਤਿ ਬਨੀ ਪ੍ਰਭ ਤੇਰੀ॥		Man Paratheeth Banee Prabh Thaeree ||	O God, I have enshrined faith in You within my mind.	ਹੇ ਪ੍ਰਭੂ! ਜਿਸ ਮਨੁੱਖ ਦੇ ਮਨ ਵਿਚ ਤੇਰੀ ਸਰਧਾ ਬਣ ਜਾਂਦੀ ਹੈ,
45981	1072	ਬਿਨਸਿ ਗਈ ਹਉਮੈ ਮਤਿ ਮੇਰੀ॥		Binas Gee Houmai Math Maeree ||	My egotistical intellect has been driven out.	ਉਸ ਦੇ ਅੰਦਰੋਂ ਹਉਮੈ ਦੂਰ ਹੋ ਜਾਂਦੀ ਹੈ, ਉਸ ਦੀ ਮਮਤਾ ਵਾਲੀ ਬੁੱਧੀ ਨਾਸ ਹੋ ਜਾਂਦੀ ਹੈ।
45982	1072	ਅੰਗੀਕਾਰੁ ਕੀਆ ਪ੍ਰਭਿ ਅਪਨੈ ਜਗ ਮਹਿ ਸੋਭ ਸੁਹਾਈ ਹੇ॥੧੩॥		Angeekaar Keeaa Prabh Apanai Jag Mehi Sobh Suhaaee Hae ||13||	God has made me His own, and now I have a glorious reputation in this world. ||13||	ਆਪਣੇ ਪ੍ਰਭੂ ਨੇ ਜਿਸ ਮਨੁੱਖ ਦੀ ਸਹਾਇਤਾ ਕੀਤੀ, ਉਸ ਦੀ ਸਾਰੇ ਜਗਤ ਵਿਚ ਸੋਭਾ ਚਮਕ ਪਈ ॥੧੩॥
45983	1072	ਜੈ ਜੈਕਾਰੁ ਜਪਹੁ ਜਗਦੀਸੈ॥	ਜੱਗਦੀਸੈ	Jai Jai Kaar Japahu Jagadheesai ||	Proclaim His Glorious Victory, and meditate on the Lord of the Universe.	ਜਗਤ ਦੇ ਮਾਲਕ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦੇ ਰਹੋ।
45984	1072	ਬਲਿ ਬਲਿ ਜਾਈ ਪ੍ਰਭ ਅਪੁਨੇ ਈਸੈ॥		Bal Bal Jaaee Prabh Apunae Eesai ||	I am a sacrifice, a sacrifice to my Lord God.	ਮੈਂ ਤਾਂ ਆਪਣੇ ਈਸ਼ਵਰ ਪ੍ਰਭੂ ਤੋਂ ਸਦਾ ਸਦਕੇ ਜਾਂਦਾ ਹਾਂ।

45985	1072	ਤਿਸੁ ਬਿਨੁ ਦੂਜਾ ਅਵਰੁ ਨ ਦੀਸੈ ਏਕਾ ਜਗਤਿ ਸਬਾਈ ਹੇ॥੧੪॥	ਜੱਗ–ਤਿ	This Bin Dhoojaa Avar N Dheesai Eaekaa Jagath Sabaaee Hae ||14||	I do not see any other except Him. The One Lord pervades the whole world. ||14||	ਉਸ ਪ੍ਰਭੂ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ ਦਿੱਸਦਾ। ਸਾਰੇ ਜਗਤ ਵਿਚ ਉਹ ਇਕ ਆਪ ਹੀ ਆਪ ਹੈ ॥੧੪॥
45986	1072	ਸਤਿ ਸਤਿ ਸਤਿ ਪ੍ਰਭੁ ਜਾਤਾ॥		Sath Sath Sath Prabh Jaathaa ||	True, True, True is God.	ਜਿਸ ਮਨੁੱਖ ਨੇ ਪਰਮਾਤਮਾ ਨੂੰ ਸਦਾ-ਥਿਰ ਸਦਾ-ਥਿਰ ਜਾਣ ਲਿਆ ਹੈ,
45987	1072	ਗੁਰ ਪਰਸਾਦਿ ਸਦਾ ਮਨੁ ਰਾਤਾ॥		Gur Parasaadh Sadhaa Man Raathaa ||	By Guru's Grace, my mind is attuned to Him forever.	ਉਸ ਦਾ ਮਨ ਗੁਰੂ ਦੀ ਕਿਰਪਾ ਨਾਲ ਉਸ ਵਿਚ ਰੰਗਿਆ ਰਹਿੰਦਾ ਹੈ।
45988	1072	ਸਿਮਰਿ ਸਿਮਰਿ ਜੀਵਹਿ ਜਨ ਤੇਰੇ ਏਕੰਕਾਰਿ ਸਮਾਈ ਹੇ॥੧੫॥		Simar Simar Jeevehi Jan Thaerae Eaekankaar Samaaee Hae ||15||	Your humble servants live by meditating, meditating in remembrance on You, merging in You, O One Universal Creator. ||15||	ਹੇ ਪ੍ਰਭੂ! ਤੇਰੇ ਸੇਵਕ ਤੇਰਾ ਨਾਮ ਸਿਮਰ ਸਿਮਰ ਕੇ ਆਤਮਕ ਜੀਵਨ ਹਾਸਲ ਕਰਦੇ ਹਨ, ਉਹ ਸਦਾ ਤੇਰੇ ਸਰਬ-ਵਿਆਪਕ ਸਰੂਪ ਵਿਚ ਲੀਨ ਰਹਿੰਦੇ ਹਨ ॥੧੫॥
45989	1072	ਭਗਤ ਜਨਾ ਕਾ ਪ੍ਰੀਤਮੁ ਪਿਆਰਾ॥		Bhagath Janaa Kaa Preetham Piaaraa ||	The Dear Lord is the Beloved of His humble devotees.	ਸਾਡਾ ਮਾਲਕ-ਪ੍ਰਭੂ ਆਪਣੇ ਭਗਤਾਂ ਦਾ ਪਿਆਰਾ ਹੈ,
45990	1072	ਸਭੈ ਉਧਾਰਣੁ ਖਸਮੁ ਹਮਾਰਾ॥	ਸੱਭੈ	Sabhai Oudhhaaran Khasam Hamaaraa ||	My Lord and Master is the Savior of all.	ਸਭ ਜੀਵਾਂ ਦਾ ਪਾਰ-ਉਤਾਰਾ ਕਰਨ ਵਾਲਾ ਹੈ।

45991	1072	ਸਿਮਰਿ ਨਾਮੁ ਪੁੰਨੀ ਸਭ ਇਛਾ ਜਨ ਨਾਨਕ ਪੈਜ ਰਖਾਈ ਹੇ॥੧੬॥੧॥		Simar Naam Punnee Sabh Eishhaa Jan Naanak Paij Rakhaaee Hae ||16||1||	Meditating in remembrance on the Naam, the Name of the Lord, all desires are fulfilled. He has saved the honor of servant Nanak. ||16||1||	ਉਸ ਦਾ ਨਾਮ ਸਿਮਰ ਸਿਮਰ ਕੇ ਉਸ ਦੇ ਭਗਤਾਂ ਦੀ ਹਰੇਕ ਆਸ ਪੂਰੀ ਹੋ ਜਾਂਦੀ ਹੈ। ਹੇ ਨਾਨਕ! ਪਰਮਾਤਮਾ ਆਪਣੇ ਸੇਵਕਾਂ ਦੀ ਸਦਾ ਲਾਜ ਰੱਖਦਾ ਹੈ ॥੧੬॥੧॥
45992	1072	ਮਾਰੂ ਸੋਲਹੇ ਮਹਲਾ ੫		Maaroo Solehae Mehalaa 5	Maaroo, Solahas, Fifth Mehl:	ਰਾਗ ਮਾਰੂ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਸੋਹਲੇ' (੧੬ ਬੰਦਾਂ ਵਾਲੀ ਬਾਣੀ)।
45993	1072	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
45994	1072	ਸੰਗੀ ਜੋਗੀ ਨਾਰਿ ਲਪਟਾਣੀ॥		Sangee Jogee Naar Lapattaanee ||	The body-bride is attached to the Yogi, the husband-soul.	(ਇਹ ਜੀਵਾਤਮਾ ਅਸਲ ਵਿਚ ਵਿਰਕਤ) ਜੋਗੀ (ਹੈ, ਇਹ ਕਾਇਆਂ-) ਇਸਤ੍ਰੀ ਦਾ ਸਾਥੀ (ਜਦੋਂ ਬਣ ਜਾਂਦਾ ਹੈ, ਤਾਂ ਕਾਇਆਂ-) ਇਸਤ੍ਰੀ (ਇਸ ਨਾਲ) ਲਪਟੀ ਰਹਿੰਦੀ ਹੈ, ਇਸ ਨੂੰ ਆਪਣੇ ਮੋਹ ਵਿਚ ਫਸਾਂਦੀ ਰਹਿੰਦੀ ਹੈ,
45995	1072	ਉਰਝਿ ਰਹੀ ਰੰਗ ਰਸ ਮਾਣੀ॥		Ourajh Rehee Rang Ras Maanee ||	She is involved with him, enjoying pleasure and delights.	(ਤੇ ਇਸ ਨਾਲ ਮਾਇਆ ਦੇ) ਰੰਗ ਰਸ ਮਾਣਦੀ ਰਹਿੰਦੀ ਹੈ।

45996	1072	ਕਿਰਤ ਸੰਜੋਗੀ ਭਏ ਇਕਤ੍ਰਾ ਕਰਤੇ ਭੋਗ ਬਿਲਾਸਾ ਹੇ॥੧॥		Kirath Sanjogee Bheae Eikathraa Karathae Bhog Bilaasaa Hae ||1||	As a consequence of past actions, they have come together, enjoying pleasurable play. ||1||	ਕੀਤੇ ਕਰਮਾਂ ਦੇ ਸੰਜੋਗਾਂ ਨਾਲ (ਇਹ ਜੀਵਾਤਮਾ ਅਤੇ ਕਾਇਆਂ) ਇਕੱਠੇ ਹੁੰਦੇ ਹਨ, ਤੇ, (ਦੁਨੀਆ ਦੇ) ਭੋਗ ਬਿਲਾਸ ਕਰਦੇ ਰਹਿੰਦੇ ਹਨ ॥੧॥
45997	1072	ਜੋ ਪਿਰੁ ਕਰੈ ਸੁ ਧਨ ਤਤੁ ਮਾਨੈ॥		Jo Pir Karai S Dhhan Thath Maanai ||	Whatever the husband does, the bride willingly accepts.	ਜੋ ਕੁਝ ਜੀਵਾਤਮਾ-ਪਤੀ ਕਾਇਆਂ-ਇਸਤ੍ਰੀ ਨੂੰ ਆਖਦਾ ਹੈ ਉਹ ਤੁਰਤ ਮੰਨਦੀ ਹੈ।
45998	1072	ਪਿਰੁ ਧਨਹਿ ਸੀਗਾਰਿ ਰਖੈ ਸੰਗਾਨੈ॥		Pir Dhhanehi Seegaar Rakhai Sangaanai ||	The husband adorns his bride, and keeps her with himself.	ਜੀਵਾਤਮਾ-ਪਤੀ ਕਾਇਆਂ-ਇਸਤ੍ਰੀ ਨੂੰ ਸਜਾ-ਸੰਵਾਰ ਕੇ ਆਪਣੇ ਨਾਲ ਰੱਖਦਾ ਹੈ।
45999	1072	ਮਿਲਿ ਏਕਤ੍ਰ ਵਸਹਿ ਦਿਨੁ ਰਾਤੀ ਪ੍ਰਿਉ ਦੇ ਧਨਹਿ ਦਿਲਾਸਾ ਹੇ॥੨॥	ਏਕੱਤ੍ਰ	Mil Eaekathr Vasehi Dhin Raathee Prio Dhae Dhhanehi Dhilaasaa Hae ||2||	Joining together, they live in harmony day and night; the husband comforts his wife. ||2||	ਮਿਲ ਕੇ ਦਿਨ ਰਾਤ ਇਹ ਇਕੱਠੇ ਵੱਸਦੇ ਹਨ। ਜੀਵਾਤਮਾ-ਪਤੀ ਕਾਇਆਂ-ਇਸਤ੍ਰੀ ਨੂੰ (ਕਈ ਤਰ੍ਹਾਂ ਦਾ) ਹੌਸਲਾ ਦੇਂਦਾ ਰਹਿੰਦਾ ਹੈ ॥੨॥
46000	1072	ਧਨ ਮਾਗੈ ਪ੍ਰਿਉ ਬਹੁ ਬਿਧਿ ਧਾਵੈ॥		Dhhan Maagai Prio Bahu Bidhh Dhhaavai ||	When the bride asks, the husband runs around in all sorts of ways.	ਕਾਇਆਂ-ਇਸਤ੍ਰੀ (ਭੀ ਜੋ ਕੁਝ) ਮੰਗਦੀ ਹੈ, (ਉਹ ਹਾਸਲ ਕਰਨ ਵਾਸਤੇ) ਜੀਵਾਤਮਾ-ਪਤੀ ਕਈ ਤਰ੍ਹਾਂ ਦੀ ਦੌੜ-ਭੱਜ ਕਰਦਾ ਫਿਰਦਾ ਹੈ।

46001	1072	ਜੋ ਪਾਵੈ ਸੋ ਆਨਿ ਦਿਖਾਵੈ॥		Jo Paavai So Aan Dhikhaavai ||	Whatever he finds, he brings to show his bride.	ਜੋ ਕੁਝ ਉਸ ਨੂੰ ਲੱਭਦਾ ਹੈ, ਉਹ ਲਿਆ ਕੇ (ਆਪਣੀ ਕਾਇਆਂ-ਇਸਤ੍ਰੀ ਨੂੰ) ਵਿਖਾ ਦੇਂਦਾ ਹੈ।
46002	1072	ਏਕ ਵਸਤੁ ਕਉ ਪਹੁਚਿ ਨ ਸਾਕੈ ਧਨ ਰਹਤੀ ਭੂਖ ਪਿਆਸਾ ਹੇ॥੩॥		Eaek Vasath Ko Pahuch N Saakai Dhhan Rehathee Bhookh Piaasaa Hae ||3||	But there is one thing he cannot reach, and so his bride remains hungry and thirsty. ||3||	(ਪਰ ਇਸ ਦੌੜ-ਭੱਜ ਵਿਚ ਇਸ ਨੂੰ) ਨਾਮ-ਪਦਾਰਥ ਨਹੀਂ ਲੱਭ ਸਕਦਾ, (ਨਾਮ-ਪਦਾਰਥ ਤੋਂ ਬਿਨਾ) ਕਾਇਆਂ-ਇਸਤ੍ਰੀ ਦੀ (ਮਾਇਆ ਵਾਲੀ) ਭੁੱਖ ਤ੍ਰੇਹ ਟਿਕੀ ਰਹਿੰਦੀ ਹੈ ॥੩॥
46003	1072	ਧਨ ਕਰੈ ਬਿਨਉ ਦੋਊ ਕਰ ਜੋਰੈ॥		Dhhan Karai Bino Dhooo Kar Jorai ||	With her palms pressed together, the bride offers her prayer,	ਕਾਇਆਂ-ਇਸਤ੍ਰੀ ਦੋਵੇਂ ਹੱਥ ਜੋੜਦੀ ਹੈ ਤੇ (ਜੀਵਾਤਮਾ-ਪਤੀ ਅੱਗੇ) ਬੇਨਤੀ ਕਰਦੀ ਰਹਿੰਦੀ ਹੈ-
46004	1072	ਪ੍ਰਿਅ ਪਰਦੇਸਿ ਨ ਜਾਹੁ ਵਸਹੁ ਘਰਿ ਮੋਰੈ॥		Pria Paradhaes N Jaahu Vasahu Ghar Morai ||	"O my beloved, do not leave me and go to foreign lands; please stay here with me.	ਹੇ ਭਾਈ! ਕਾਇਆਂ-ਇਸਤ੍ਰੀ ਦੋਵੇਂ ਹੱਥ ਜੋੜਦੀ ਹੈ ਤੇ (ਜੀਵਾਤਮਾ-ਪਤੀ ਅੱਗੇ) ਬੇਨਤੀ ਕਰਦੀ ਰਹਿੰਦੀ ਹੈ-ਹੇ ਪਿਆਰੇ! (ਮੈਨੂੰ ਛੱਡ ਕੇ) ਕਿਸੇ ਹੋਰ ਦੇਸ ਵਿਚ ਨਾਹ ਤੁਰ ਜਾਈਂ, ਮੇਰੇ ਹੀ ਇਸ ਘਰ ਵਿਚ ਟਿਕਿਆ ਰਹੀਂ। ਇਸੇ ਘਰ ਵਿਚ ਕੋਈ ਐਸਾ ਵਣਜ ਕਰਦਾ ਰਹੁ, ਜਿਸ ਨਾਲ ਮੇਰੀ ਭੁੱਖ ਤ੍ਰੇਹ ਮਿਟਦੀ ਰਹੇ (ਮੇਰੀਆਂ ਲੋੜਾਂ ਪੂਰੀਆਂ ਹੁੰਦੀਆਂ ਰਹਿਣ) ॥੪॥

46005	1072	ਐਸਾ ਬਣਜੁ ਕਰਹੁ ਗ੍ਰਿਹ ਭੀਤਰਿ ਜਿਤੁ ਉਤਰੈ ਭੂਖ ਪਿਆਸਾ ਹੇ॥੪॥		Aisaa Banaj Karahu Grih Bheethar Jith Outharai Bhookh Piaasaa Hae ||4||	Do such business within our home, that my hunger and thirst may be relieved.""||4||	
46006	1072	ਸਗਲੇ ਕਰਮ ਧਰਮ ਜੁਗ ਸਾਧਾ॥	ਸੱਾਧਾ	Sagalae Karam Dhharam Jug Saadhhaa ||	All sorts of religious rituals are performed in this age,	ਪਰ, ਸਦਾ ਤੋਂ ਹੀ ਲੋਕ ਮਿਥੇ ਹੋਏ ਧਾਰਮਿਕ ਕਰਮ ਕਰਦੇ ਆਏ ਹਨ।
46007	1072	ਬਿਨੁ ਹਰਿ ਰਸ ਸੁਖੁ ਤਿਲੁ ਨਹੀ ਲਾਧਾ॥		Bin Har Ras Sukh Thil Nehee Laadhhaa ||	But without the sublime essence of the Lord, not an iota of peace is found.	ਹਰਿ-ਨਾਮ ਦੇ ਸੁਆਦ ਤੋਂ ਬਿਨਾ ਕਿਸੇ ਨੂੰ ਭੀ ਰਤਾ ਭਰ ਸੁਖ ਨਹੀਂ ਲੱਭਾ।
46008	1072	ਭਈ ਕ੍ਰਿਪਾ ਨਾਨਕ ਸਤਸੰਗੇ ਤਉ ਧਨ ਪਿਰ ਅਨੰਦ ਉਲਾਸਾ ਹੇ॥੫॥		Bhee Kirapaa Naanak Sathasangae Tho Dhhan Pir Anandh Oulaasaa Hae ||5||	When the Lord becomes Merciful, O Nanak, then in the Sat Sangat, the True Congregation, the bride and the husband enjoy ecstasy and bliss. ||5||	ਹੇ ਨਾਨਕ! ਜਦੋਂ ਸਾਧ ਸੰਗਤ ਵਿਚ ਪਰਮਾਤਮਾ ਦੀ ਕਿਰਪਾ ਹੁੰਦੀ ਹੈ ਤਾਂ ਇਹ ਜੀਵਾਤਮਾ ਤੇ ਕਾਇਆਂ ਮਿਲ ਕੇ (ਨਾਮ ਦੀ ਬਰਕਤਿ ਨਾਲ) ਆਤਮਕ ਆਨੰਦ ਮਾਣਦੇ ਹਨ ॥੫॥
46009	1073	ਧਨ ਅੰਧੀ ਪਿਰੁ ਚਪਲੁ ਸਿਆਨਾ॥		Dhhan Andhhee Pir Chapal Siaanaa ||	The body-bride is blind, and the groom is clever and wise.	ਮਾਇਆ-ਗ੍ਰਸੀ ਕਾਇਆਂ ਦੀ ਸੰਗਤ ਵਿਚ ਜੀਵਾਤਮਾ ਚੰਚਲ ਚਤੁਰ ਹੋ ਕੇ-

46010	1073	ਪੰਚ ਤਤੁ ਕਾ ਰਚਨੁ ਰਚਾਨਾ॥		Panch Thath Kaa Rachan Rachaanaa ||	The creation was created of the five elements.	ਦੁਨੀਆ ਦੀ ਖੇਡ ਹੀ ਖੇਡ ਰਿਹਾ ਹੈ।
46011	1073	ਜਿਸੁ ਵਖਰ ਕਉ ਤੁਮ ਆਏ ਹਹੁ ਸੋ ਪਾਇਓ ਸਤਿਗੁਰ ਪਾਸਾ ਹੇ॥੬॥		Jis Vakhar Ko Thum Aaeae Hahu So Paaeiou Sathigur Paasaa Hae ||6||	That merchandise, for which you have come into the world, is received only from the True Guru. ||6||	ਜਿਸ (ਨਾਮ-) ਪਦਾਰਥ ਦੀ ਖ਼ਾਤਰ ਤੁਸੀਂ ਜਗਤ ਵਿਚ ਆਏ ਹੋ, ਉਹ ਪਦਾਰਥ ਗੁਰੂ ਪਾਸੋਂ ਮਿਲਦਾ ਹੈ ॥੬॥
46012	1073	ਧਨ ਕਹੈ ਤੂ ਵਸੁ ਮੈ ਨਾਲੇ॥		Dhhan Kehai Thoo Vas Mai Naalae ||	The body-bride says, ""Please live with me,	ਕਾਇਆਂ (ਜੀਵਾਤਮਾ ਨੂੰ) ਆਖਦੀ ਰਹਿੰਦੀ ਹੈ- ਤੂੰ ਸਦਾ ਮੇਰੇ ਨਾਲ ਵੱਸਦਾ ਰਹੁ।
46013	1073	ਪ੍ਰਿਅ ਸੁਖਵਾਸੀ ਬਾਲ ਗੁਪਾਲੇ॥	(ਬਾਲ) ਨਵੀਨ	Pria Sukhavaasee Baal Gupaalae ||	O my beloved, peaceful, young lord.	ਹੇ ਪਿਆਰੇ ਤੇ ਸੁਖ-ਰਹਿਣੇ ਲਾਡਲੇ ਪਤੀ! (ਕਿਤੇ ਮੈਨੂੰ ਛੱਡ ਨਾ ਜਾਈਂ)।
46014	1073	ਤੁਝੈ ਬਿਨਾ ਹਉ ਕਿਤ ਹੀ ਨ ਲੇਖੈ ਵਚਨੁ ਦੇਹਿ ਛੋਡਿ ਨ ਜਾਸਾ ਹੇ॥੭॥		Thujhai Binaa Ho Kith Hee N Laekhai Vachan Dhaehi Shhodd N Jaasaa Hae ||7||	Without you, I am of no account. Please give me your word, that you will not leave me"". ||7||	ਤੈਥੋਂ ਬਿਨਾ ਮੇਰਾ ਕੁਝ ਭੀ ਮੁੱਲ ਨਹੀਂ ਹੈ। (ਮੇਰੇ ਨਾਲ) ਇਕਰਾਰ ਕਰ ਕਿ ਮੈਂ ਤੈਨੂੰ ਛੱਡ ਕੇ ਨਹੀਂ ਜਾਵਾਂਗਾ ॥੭॥
46015	1073	ਪਿਰਿ ਕਹਿਆ ਹਉ ਹੁਕਮੀ ਬੰਦਾ॥		Pir Kehiaa Ho Hukamee Bandhaa ||	The soul-husband says, ""I am the slave of my Commander.	(ਜਦੋਂ ਭੀ ਕਾਇਆਂ-ਇਸਤ੍ਰੀ ਨੇ ਇਹ ਤਰਲਾ ਲਿਆ, ਤਦੋਂ ਹੀ) ਜੀਵਾਤਮਾ-ਪਤੀ ਨੇ ਆਖਿਆ- ਮੈਂ ਤਾਂ (ਉਸ ਪਰਮਾਤਮਾ ਦੇ) ਹੁਕਮ ਵਿਚ ਤੁਰਨ ਵਾਲਾ ਗੁਲਾਮ ਹਾਂ।

46016	1073	ਓਹੁ ਭਾਰੋ ਠਾਕੁਰੁ ਜਿਸੁ ਕਾਣਿ ਨ ਛੰਦਾ॥		Ouhu Bhaaro Thaakur Jis Kaan N Shhandhaa ||	He is my Great Lord and Master, who is fearless and independent.	ਉਹ ਬੜਾ ਵੱਡਾ ਮਾਲਕ ਹੈ, ਉਸ ਨੂੰ ਕਿਸੇ ਦਾ ਡਰ ਨਹੀਂ ਉਸ ਨੂੰ ਕਿਸੇ ਦੀ ਮੁਥਾਜੀ ਨਹੀਂ।
46017	1073	ਜਿਚਰੁ ਰਾਖੈ ਤਿਚਰੁ ਤੁਮ ਸੰਗਿ ਰਹਣਾ ਜਾ ਸਦੇ ਤ ਊਠਿ ਸਿਧਾਸਾ ਹੇ॥੮॥	ਸੱਦੇ	Jichar Raakhai Thichar Thum Sang Rehanaa Jaa Sadhae Th Ooth Sidhhaasaa Hae ||8||	As long as He wills, I will remain with you. When He summons me, I shall arise and depart.""||8||	ਜਿਤਨਾ ਚਿਰ ਉਹ ਮੈਨੂੰ ਤੇਰੇ ਨਾਲ ਰੱਖੇਗਾ, ਮੈਂ ਉਤਨਾ ਚਿਰ ਰਹਿ ਸਕਦਾ ਹਾਂ। ਜਦੋਂ ਸੱਦੇਗਾ, ਤਦੋਂ ਮੈਂ ਉੱਠ ਕੇ ਤੁਰ ਪਵਾਂਗਾ ॥੮॥
46018	1073	ਜਉ ਪ੍ਰਿਅ ਬਚਨ ਕਹੇ ਧਨ ਸਾਚੇ॥		Jo Pria Bachan Kehae Dhhan Saachae ||	The husband speaks words of Truth to the bride,	ਜਦੋਂ ਭੀ ਜੀਵਾਤਮਾ ਇਹ ਸੱਚੇ ਬਚਨ ਕਾਇਆਂ-ਇਸਤ੍ਰੀ ਨੂੰ ਆਖਦਾ ਹੈ,
46019	1073	ਧਨ ਕਛੂ ਨ ਸਮਝੈ ਚੰਚਲਿ ਕਾਚੇ॥		Dhhan Kashhoo N Samajhai Chanchal Kaachae ||	But the bride is restless and inexperienced, and she does not understand anything.	ਉਹ ਚੰਚਲ ਤੇ ਅਕਲ ਦੀ ਕੱਚੀ ਕੁਝ ਭੀ ਨਹੀਂ ਸਮਝਦੀ।
46020	1073	ਬਹੁਰਿ ਬਹੁਰਿ ਪਿਰ ਹੀ ਸੰਗੁ ਮਾਗੈ ਓਹੁ ਬਾਤ ਜਾਨੈ ਕਰਿ ਹਾਸਾ ਹੇ॥੯॥		Bahur Bahur Pir Hee Sang Maagai Ouhu Baath Jaanai Kar Haasaa Hae ||9||	Again and again, she begs her husband to stay; she thinks that he is just joking when he answers her. ||9||	ਉਹ ਮੁੜ ਮੁੜ ਜੀਵਾਤਮਾ-ਪਤੀ ਦਾ ਸਾਥ ਹੀ ਮੰਗਦੀ ਹੈ, ਤੇ, ਜੀਵਾਤਮਾ ਉਸ ਦੀ ਗੱਲ ਨੂੰ ਮਖ਼ੌਲ ਸਮਝ ਛੱਡਦਾ ਹੈ ॥੯॥

46021	1073	ਆਈ ਆਗਿਆ ਪਿਰਹੁ ਬੁਲਾਇਆ॥		Aaee Aagiaa Pirahu Bulaaeiaa ||	The Order comes, and the husband-soul is called.	ਜਦੋਂ ਪਤੀ-ਪਰਮਾਤਮਾ ਵਲੋਂ ਹੁਕਮ ਆਉਂਦਾ ਹੈ, ਜਦੋਂ ਉਹ ਸੱਦਾ ਭੇਜਦਾ ਹੈ,
46022	1073	ਨਾ ਧਨ ਪੁਛੀ ਨ ਮਤਾ ਪਕਾਇਆ॥		Naa Dhhan Pushhee N Mathaa Pakaaeiaa ||	He does not consult with his bride, and does not ask her opinion.	ਜੀਵਾਤਮਾ ਨਾਹ ਹੀ ਕਾਇਆਂ-ਇਸਤ੍ਰੀ ਨੂੰ ਪੁੱਛਦਾ ਹੈ, ਨਾਹ ਹੀ ਉਸ ਨਾਲ ਸਲਾਹ ਕਰਦਾ ਹੈ।
46023	1073	ਊਠਿ ਸਿਧਾਇਓ ਛੂਟਰਿ ਮਾਟੀ ਦੇਖੁ ਨਾਨਕ ਮਿਥਨ ਮੋਹਾਸਾ ਹੇ॥੧੦॥		Ooth Sidhhaaeiou Shhoottar Maattee Dhaekh Naanak Mithhan Mohaasaa Hae ||10||	He gets up and marches off, and the discarded body-bride mingles with dust. O Nanak, behold the illusion of emotional attachment and hope. ||10||	ਉਹ ਕਾਇਆਂ-ਮਿੱਟੀ ਨੂੰ ਛੁੱਟੜ ਕਰ ਕੇ ਉੱਠ ਕੇ ਤੁਰ ਪੈਂਦਾ ਹੈ। ਹੇ ਨਾਨਕ! ਵੇਖ, ਇਹ ਹੈ ਮੋਹ ਦਾ ਝੂਠਾ ਪਸਾਰਾ ॥੧੦॥
46024	1073	ਰੇ ਮਨ ਲੋਭੀ ਸੁਣਿ ਮਨ ਮੇਰੇ॥		Rae Man Lobhee Sun Man Maerae ||	O greedy mind - listen, O my mind!	ਹੇ ਮੇਰੇ ਲੋਭੀ ਮਨ! (ਮੇਰੀ ਗੱਲ) ਸੁਣ!
46025	1073	ਸਤਿਗੁਰੁ ਸੇਵਿ ਦਿਨੁ ਰਾਤਿ ਸਦੇਰੇ॥		Sathigur Saev Dhin Raath Sadhaerae ||	Serve the True Guru day and night forever.	ਦਿਨ ਰਾਤ ਸਦਾ ਹੀ ਗੁਰੂ ਦੀ ਸਰਨ ਪਿਆ ਰਹੁ।

46026	1073	ਬਿਨੁ ਸਤਿਗੁਰ ਪਚਿ ਮੂਏ ਸਾਕਤ ਨਿਗੁਰੇ ਗਲਿ ਜਮ ਫਾਸਾ ਹੇ॥੧੧॥		Bin Sathigur Pach Mooeae Saakath Nigurae Gal Jam Faasaa Hae ||11||	Without the True Guru, the faithless cynics rot away and die. The noose of Death is around the necks of those who have no guru. ||11||	ਗੁਰੂ ਦੀ ਸਰਨ ਤੋਂ ਬਿਨਾ ਸਾਕਤ ਨਿਗੁਰੇ ਮਨੁੱਖ (ਵਿਕਾਰਾਂ ਦੀ ਅੱਗ ਵਿਚ) ਸੜ ਕੇ ਆਤਮਕ ਮੌਤ ਸਹੇੜੀ ਰੱਖਦੇ ਹਨ। ਉਹਨਾਂ ਦੇ ਗਲ ਵਿਚ ਜਮਰਾਜ ਦਾ (ਇਹ) ਫਾਹਾ ਪਿਆ ਰਹਿੰਦਾ ਹੈ ॥੧੧॥
46027	1073	ਮਨਮੁਖਿ ਆਵੈ ਮਨਮੁਖਿ ਜਾਵੈ॥		Manamukh Aavai Manamukh Jaavai ||	The self-willed manmukh comes, and the self-willed manmukh goes.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਜੰਮਦਾ ਹੈ ਮਰਦਾ ਹੈ,
46028	1073	ਮਨਮੁਖਿ ਫਿਰਿ ਫਿਰਿ ਚੋਟਾ ਖਾਵੈ॥		Manamukh Fir Fir Chottaa Khaavai ||	The manmukh suffers beatings again and again.	ਮੁੜ ਮੁੜ ਜਨਮ ਮਰਨ ਦੇ ਇਸ ਗੇੜ ਦੀਆਂ ਚੋਟਾਂ ਖਾਂਦਾ ਰਹਿੰਦਾ ਹੈ।
46029	1073	ਜਿਤਨੇ ਨਰਕ ਸੇ ਮਨਮੁਖਿ ਭੋਗੈ ਗੁਰਮੁਖਿ ਲੇਪੁ ਨ ਮਾਸਾ ਹੇ॥੧੨॥		Jithanae Narak Sae Manamukh Bhogai Guramukh Laep N Maasaa Hae ||12||	The manmukh endures as many hells as there are; the Gurmukh is not even touched by them. ||12||	ਮਨ ਦਾ ਮੁਰੀਦ ਸਾਰੇ ਹੀ ਨਰਕਾਂ ਦੇ ਦੁੱਖ ਭੋਗਦਾ ਹੈ। ਪਰ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਉੱਤੇ ਇਹਨਾਂ ਦਾ ਰਤਾ ਭੀ ਅਸਰ ਨਹੀਂ ਪੈਂਦਾ ॥੧੨॥
46030	1073	ਗੁਰਮੁਖਿ ਸੋਇ ਜਿ ਹਰਿ ਜੀਉ ਭਾਇਆ॥	ਪਹਿ-ਰਾਇਆ	Guramukh Soe J Har Jeeo Bhaaeiaa ||	He alone is Gurmukh, who is pleasing to the Dear Lord.	ਉਸੇ ਮਨੁੱਖ ਨੂੰ ਗੁਰੂ ਦੇ ਸਨਮੁਖ ਜਾਣੋ ਜਿਹੜਾ ਪਰਮਾਤਮਾ ਨੂੰ ਚੰਗਾ ਲੱਗ ਗਿਆ।

46031	1073	ਤਿਸੁ ਕਉਣੁ ਮਿਟਾਵੈ ਜਿ ਪ੍ਰਭਿ ਪਹਿਰਾਇਆ॥		This Koun Mittaavai J Prabh Pehiraaeiaa ||	Who can destroy anyone who is robed in honor by the Lord?	ਜਿਸ (ਅਜਿਹੇ) ਮਨੁੱਖ ਨੂੰ ਪਰਮਾਤਮਾ ਨੇ ਆਪ ਆਦਰ-ਸਤਕਾਰ ਦਿੱਤਾ, ਉਸ ਦੀ ਇਸ ਸੋਭਾ ਨੂੰ ਕੋਈ ਮਿਟਾ ਨਹੀਂ ਸਕਦਾ।
46032	1073	ਸਦਾ ਅਨੰਦੁ ਕਰੇ ਆਨੰਦੀ ਜਿਸੁ ਸਿਰਪਾਉ ਪਇਆ ਗਲਿ ਖਾਸਾ ਹੇ॥੧੩॥	ਗਲ਼ਿ। ਖ਼ਾਸਾ	Sadhaa Anandh Karae Aanandhee Jis Sirapaao Paeiaa Gal Khaasaa Hae ||13||	The blissful one is forever in bliss; he is dressed in robes of honor. ||13||	ਜਿਸ ਮਨੁੱਖ ਦੇ ਗਲ ਵਿਚ ਕਰਤਾਰ ਵੱਲੋਂ ਸੋਹਣਾ ਸਿਰੋਪਾਉ ਪੈ ਗਿਆ, ਉਹ ਆਨੰਦ-ਸਰੂਪ ਪਰਮਾਤਮਾ ਦੇ ਚਰਨਾਂ ਵਿਚ ਜੁੜ ਕੇ ਸਦਾ ਆਤਮਕ ਆਨੰਦ ਮਾਣਦਾ ਹੈ ॥੧੩॥
46033	1073	ਹਉ ਬਲਿਹਾਰੀ ਸਤਿਗੁਰ ਪੂਰੇ॥		Ho Balihaaree Sathigur Poorae ||	I am a sacrifice to the Perfect True Guru.	ਮੈਂ ਪੂਰੇ ਗੁਰੂ ਤੋਂ ਸਦਕੇ ਜਾਂਦਾ ਹਾਂ।
46034	1073	ਸਰਣਿ ਕੇ ਦਾਤੇ ਬਚਨ ਕੇ ਸੂਰੇ॥		Saran Kae Dhaathae Bachan Kae Soorae ||	He is the Giver of Sanctuary, the Heroic Warrior who keeps His Word.	ਗੁਰੂ ਸਰਨ ਪਏ ਦੀ ਸਹਾਇਤਾ ਕਰਨ ਜੋਗਾ ਹੈ, ਗੁਰੂ ਸੂਰਮਿਆਂ ਵਾਂਗ ਬਚਨ ਪਾਲਣ ਵਾਲਾ ਹੈ।
46035	1073	ਐਸਾ ਪ੍ਰਭੁ ਮਿਲਿਆ ਸੁਖਦਾਤਾ ਵਿਛੁੜਿ ਨ ਕਤ ਹੀ ਜਾਸਾ ਹੇ॥੧੪॥		Aisaa Prabh Miliaa Sukhadhaathaa Vishhurr N Kath Hee Jaasaa Hae ||14||	Such is the Lord God, the Giver of peace, whom I have met; He shall never leave me or go anywhere else. ||14||	(ਪੂਰੇ ਗੁਰੂ ਦੀ ਮਿਹਰ ਨਾਲ ਮੈਨੂੰ) ਅਜਿਹਾ ਸੁਖਾਂ ਦਾ ਦਾਤਾ ਪਰਮਾਤਮਾ ਮਿਲ ਗਿਆ ਹੈ, ਕਿ ਉਸ ਦੇ ਚਰਨਾਂ ਤੋਂ ਵਿੱਛੁੜ ਕੇ ਮੈਂ ਹੋਰ ਕਿਤੇ ਭੀ ਨਹੀਂ ਜਾਵਾਂਗਾ ॥੧੪॥

46036	1073	ਗੁਣ ਨਿਧਾਨ ਕਿਛੁ ਕੀਮ ਨ ਪਾਈ॥		Gun Nidhhaan Kishh Keem N Paaee ||	He is the treasure of virtue; His value cannot be estimated.	ਹੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ! ਤੇਰੀ ਕੀਮਤ ਨਹੀਂ ਪੈ ਸਕਦੀ।
46037	1073	ਘਟਿ ਘਟਿ ਪੂਰਿ ਰਹਿਓ ਸਭ ਠਾਈ॥		Ghatt Ghatt Poor Rehiou Sabh Thaaee ||	He is perfectly permeating each and every heart, prevailing everywhere.	ਤੂੰ ਸਭਨੀਂ ਥਾਈਂ ਹਰੇਕ ਸਰੀਰ ਵਿਚ ਵਿਆਪਕ ਹੈਂ।
46038	1073	ਨਾਨਕ ਸਰਣਿ ਦੀਨ ਦੁਖਭੰਜਨ ਹਉ ਰੇਣ ਤੇਰੇ ਜੋ ਦਾਸਾ ਹੇ॥੧੫॥੧॥੨॥		Naanak Saran Dheen Dhukh Bhanjan Ho Raen Thaerae Jo Dhaasaa Hae ||15||1||2||	Nanak seeks the Sanctuary of the Destroyer of the pains of the poor; I am the dust of the feet of Your slaves. ||15||1||2||	ਹੇ ਨਾਨਕ! ਹੇ ਦੀਨਾਂ ਦੇ ਦੁੱਖ ਨਾਸ ਕਰਨ ਵਾਲੇ! ਮਿਹਰ ਕਰ, ਮੈਂ ਉਹਨਾਂ (ਦੇ ਚਰਨਾਂ) ਦੀ ਧੂੜ ਬਣਿਆ ਰਹਾਂ ਜੋ ਤੇਰੇ ਦਾਸ ਹਨ ॥੧੫॥੧॥੨॥
46039	1073	ਮਾਰੂ ਸੋਲਹੇ ਮਹਲਾ ੫		Maaroo Solehae Mehalaa 5	Maaroo, Solahas, Fifth Mehl:	ਰਾਗ ਮਾਰੂ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਸੋਹਲੇ' (੧੬ ਬੰਦਾਂ ਵਾਲੀ ਬਾਣੀ)।
46040	1073	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
46041	1073	ਕਰੈ ਅਨੰਦੁ ਅਨੰਦੀ ਮੇਰਾ॥		Karai Anandh Anandhee Maeraa ||	My Blissful Lord is forever in bliss.	ਖ਼ੁਸ਼ੀਆਂ ਦਾ ਮਾਲਕ ਮੇਰਾ ਪ੍ਰਭੂ (ਆਪ ਹੀ ਹਰ ਥਾਂ) ਖ਼ੁਸ਼ੀ ਮਾਣ ਰਿਹਾ ਹੈ।

46042	1073	ਘਟਿ ਘਟਿ ਪੂਰਨੁ ਸਿਰ ਸਿਰਹਿ ਨਿਬੇਰਾ॥		Ghatt Ghatt Pooran Sir Sirehi Nibaeraa ||	He fills each and every heart, and judges each and everyone.	ਹਰੇਕ ਸਰੀਰ ਵਿਚ ਉਹ ਵਿਆਪਕ ਹੈ। ਹਰੇਕ ਜੀਵ ਦੇ ਕੀਤੇ ਕਰਮਾਂ ਅਨੁਸਾਰ ਫ਼ੈਸਲਾ ਕਰਦਾ ਹੈ।
46043	1073	ਸਿਰਿ ਸਾਹਾ ਕੈ ਸਚਾ ਸਾਹਿਬੁ ਅਵਰੁ ਨਾਹੀ ਕੋ ਦੂਜਾ ਹੇ॥੧॥		Sir Saahaa Kai Sachaa Saahib Avar Naahee Ko Dhoojaa Hae ||1||	The True Lord and Master is above the heads of all kings; there is none other than Him. ||1||	(ਦੁਨੀਆ ਦੇ) ਬਾਦਸ਼ਾਹਾਂ ਦੇ ਭੀ ਸਿਰ ਉੱਤੇ ਉਹ ਸਦਾ-ਥਿਰ ਪਰਮਾਤਮਾ ਹੈ। ਕੋਈ ਹੋਰ (ਉਸ ਦੇ ਬਰਾਬਰ ਦਾ) ਨਹੀਂ ਹੈ ॥੧॥
46044	1073	ਹਰਖਵੰਤ ਆਨੰਤ ਦਇਆਲਾ॥		Harakhavanth Aananth Dhaeiaalaa ||	He is joyful, blissful and merciful.	ਬੇਅੰਤ ਪਰਮਾਤਮਾ ਖ਼ੁਸ਼ੀਆਂ ਦਾ ਮਾਲਕ ਹੈ, ਦਇਆ ਦਾ ਘਰ ਹੈ।
46045	1073	ਪ੍ਰਗਟਿ ਰਹਿਓ ਪ੍ਰਭੁ ਸਰਬ ਉਜਾਲਾ॥		Pragatt Rehiou Prabh Sarab Oujaalaa ||	God's Light is manifest everywhere.	ਹਰ ਥਾਂ ਪਰਗਟ ਹੋ ਰਿਹਾ ਹੈ, ਸਭਨਾਂ ਵਿਚ ਉਹ ਹੀ (ਆਪਣੀ ਜੋਤਿ ਦਾ) ਚਾਨਣ ਕਰ ਰਿਹਾ ਹੈ।
46046	1073	ਰੂਪ ਕਰੇ ਕਰਿ ਵੇਖੈ ਵਿਗਸੈ ਆਪੇ ਹੀ ਆਪਿ ਪੂਜਾ ਹੇ॥੨॥		Roop Karae Kar Vaekhai Vigasai Aapae Hee Aap Poojaa Hae ||2||	He creates forms, and gazing upon them, He enjoys them; He Himself worships Himself. ||2||	ਅਨੇਕਾਂ ਹੀ ਰੂਪ ਬਣਾ ਬਣਾ ਕੇ (ਸਭਨਾਂ ਦੀ) ਸੰਭਾਲ ਕਰ ਰਿਹਾ ਹੈ, ਤੇ ਖ਼ੁਸ਼ ਹੋ ਰਿਹਾ ਹੈ, (ਸਭ ਵਿਚ ਵਿਆਪਕ ਹੈ) ਆਪ ਹੀ (ਆਪਣੀ) ਪੂਜਾ ਕਰ ਰਿਹਾ ਹੈ ॥੨॥
46047	1073	ਆਪੇ ਕੁਦਰਤਿ ਕਰੇ ਵੀਚਾਰਾ॥		Aapae Kudharath Karae Veechaaraa ||	He contemplates His own creative power.	ਪਰਮਾਤਮਾ ਆਪ ਹੀ ਇਹ ਕੁਦਰਤਿ ਰਚਦਾ ਹੈ ਆਪ ਹੀ ਇਸ ਦੀ ਸੰਭਾਲ ਕਰਦਾ ਹੈ।

46048	1073	ਆਪੇ ਹੀ ਸਚੁ ਕਰੇ ਪਸਾਰਾ॥		Aapae Hee Sach Karae Pasaaraa ||	The True Lord Himself creates the expanse of the Universe.	ਉਹ ਸਦਾ-ਥਿਰ ਪ੍ਰਭੂ ਆਪ ਹੀ ਜਗਤ-ਖਿਲਾਰਾ ਬਣਾ ਰਿਹਾ ਹੈ।
46049	1073	ਆਪੇ ਖੇਲ ਖਿਲਾਵੈ ਦਿਨੁ ਰਾਤੀ ਆਪੇ ਸੁਣਿ ਸੁਣਿ ਭੀਜਾ ਹੇ॥੩॥		Aapae Khael Khilaavai Dhin Raathee Aapae Sun Sun Bheejaa Hae ||3||	He Himself stages the play, day and night; He Himself listens, and hearing, rejoices. ||3||	ਦਿਨ ਰਾਤ ਹਰ ਵੇਲੇ ਉਹ ਆਪ ਹੀ (ਜੀਵਾਂ ਨੂੰ) ਖੇਡਾਂ ਖਿਡਾ ਰਿਹਾ ਹੈ। ਆਪ ਹੀ (ਜੀਵਾਂ ਦੀਆਂ ਅਰਜ਼ੋਈਆਂ) ਸੁਣ ਸੁਣ ਕੇ ਖ਼ੁਸ਼ ਹੁੰਦਾ ਹੈ ॥੩॥
46050	1073	ਸਾਚਾ ਤਖਤੁ ਸਚੀ ਪਾਤਿਸਾਹੀ॥		Saachaa Thakhath Sachee Paathisaahee ||	True is His throne, and True is His kingdom.	ਉਹ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਸ਼ਾਹਨਸ਼ਾਹ ਹੈ, ਉਸ ਦਾ ਤਖ਼ਤ ਸਦਾ ਕਾਇਮ ਰਹਿਣ ਵਾਲਾ ਹੈ।
46051	1073	ਸਚੁ ਖਜੀਨਾ ਸਾਚਾ ਸਾਹੀ॥		Sach Khajeenaa Saachaa Saahee ||	True is the treasure of the True Banker.	ਉਸ ਦਾ ਖ਼ਜ਼ਾਨਾ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦੀ ਪਾਤਿਸ਼ਾਹੀ ਸਦਾ ਕਾਇਮ ਰਹਿਣ ਵਾਲੀ ਹੈ।
46052	1074	ਆਪੇ ਸਚੁ ਧਾਰਿਓ ਸਭੁ ਸਾਚਾ ਸਚੇ ਸਚਿ ਵਰਤੀਜਾ ਹੇ॥੪॥		Aapae Sach Dhhaariou Sabh Saachaa Sachae Sach Varatheejaa Hae ||4||	He Himself is True, and true is all that He has established. True is the prevailing Order of the True Lord. ||4||	ਉਹ ਆਪ ਹੀ ਸਦਾ ਕਾਇਮ ਰਹਿਣ ਵਾਲਾ ਹੈ। ਸਾਰੇ ਜਗਤ ਨੂੰ ਉਹ ਆਪ ਹੀ ਸਹਾਰਾ ਦੇਣ ਵਾਲਾ ਹੈ। ਆਪਣੇ ਸਦਾ-ਥਿਰ (ਨਿਯਮਾਂ ਦੀ) ਰਾਹੀਂ ਉਹ ਆਪ ਹੀ ਜਗਤ ਵਿਚ ਵਰਤਾਰਾ ਵਰਤ ਰਿਹਾ ਹੈ ॥੪॥

46053	1074	ਸਚੁ ਤਪਾਵਸੁ ਸਚੇ ਕੇਰਾ॥		Sach Thapaavas Sachae Kaeraa ||	True is the justice of the True Lord.	ਸਦਾ-ਥਿਰ ਪਰਮਾਤਮਾ ਦਾ ਨਿਆਂ ਭੀ ਅਟੱਲ (ਅਭੁੱਲ) ਹੈ।
46054	1074	ਸਾਚਾ ਥਾਨੁ ਸਦਾ ਪ੍ਰਭ ਤੇਰਾ॥		Saachaa Thhaan Sadhaa Prabh Thaeraa ||	Your place is forever True, O God.	ਹੇ ਪ੍ਰਭੂ! ਤੇਰਾ ਟਿਕਾਣਾ ਸਦਾ ਕਾਇਮ ਰਹਿਣ ਵਾਲਾ ਹੈ।
46055	1074	ਸਚੀ ਕੁਦਰਤਿ ਸਚੀ ਬਾਣੀ ਸਚੁ ਸਾਹਿਬ ਸੁਖੁ ਕੀਜਾ ਹੇ॥੫॥		Sachee Kudharath Sachee Baanee Sach Saahib Sukh Keejaa Hae ||5||	True is Your Creative Power, and True is the Word of Your Bani. True is the peace which You give, O my Lord and Master. ||5||	ਹੇ ਸਾਹਿਬ! ਤੇਰੀ ਰਚੀ ਹੋਈ ਕੁਦਰਤਿ ਤੇ (ਉਸ ਦੀ) ਬਣਤਰ ਅਟੱਲ ਨਿਯਮਾਂ ਵਾਲੀ ਹੈ। ਤੂੰ ਆਪ ਹੀ (ਇਸ ਕੁਦਰਤਿ ਵਿਚ) ਅਟੱਲ ਸੁਖ ਪੈਦਾ ਕੀਤਾ ਹੋਇਆ ਹੈ ॥੫॥
46056	1074	ਏਕੋ ਆਪਿ ਤੂਹੈ ਵਡ ਰਾਜਾ॥		Eaeko Aap Thoohai Vadd Raajaa ||	You alone are the greatest king.	ਹੇ ਪ੍ਰਭੂ! ਸਿਰਫ਼ ਤੂੰ ਆਪ ਹੀ ਸਭ ਤੋਂ ਵੱਡਾ ਰਾਜਾ ਹੈਂ।
46057	1074	ਹੁਕਮਿ ਸਚੇ ਕੈ ਪੂਰੇ ਕਾਜਾ॥	ਕੱਾਜਾ	Hukam Sachae Kai Poorae Kaajaa ||	By the Hukam of Your Command, O True Lord, our affairs are fulfilled.	ਸਦਾ-ਥਿਰ ਪ੍ਰਭੂ ਦੇ ਹੁਕਮ ਅਨੁਸਾਰ ਸਭ ਜੀਵਾਂ ਦੇ ਕੰਮ ਸਿਰੇ ਚੜ੍ਹਦੇ ਹਨ।
46058	1074	ਅੰਤਰਿ ਬਾਹਰਿ ਸਭੁ ਕਿਛੁ ਜਾਣੈ ਆਪੇ ਹੀ ਆਪਿ ਪਤੀਜਾ ਹੇ॥੬॥		Anthar Baahar Sabh Kishh Jaanai Aapae Hee Aap Patheejaa Hae ||6||	Inwardly and outwardly, You know everything; You Yourself are pleased with Yourself. ||6||	ਜੋ ਕੁਝ ਜੀਵਾਂ ਦੇ ਅੰਦਰ ਵਰਤਦਾ ਹੈ ਜੋ ਕੁਝ ਬਾਹਰ ਸਾਰੇ ਜਗਤ ਵਿਚ ਹੋ ਰਿਹਾ ਹੈ ਇਹ ਸਭ ਕੁਝ ਉਹ ਆਪ ਹੀ ਜਾਣਦਾ ਹੈ, ਤੇ ਸੰਤੁਸ਼ਟ ਹੁੰਦਾ ਹੈ ॥੬॥

46059	1074	ਤੂ ਵਡ ਰਸੀਆ ਤੂ ਵਡ ਭੋਗੀ॥		Thoo Vadd Raseeaa Thoo Vadd Bhogee ||	You are the great party-goer, You are the great enjoyer.	ਹੇ ਪ੍ਰਭੂ! (ਸਭ ਵਿਚ ਵਿਆਪਕ ਹੋ ਕੇ) ਤੂੰ ਸਭ ਤੋਂ ਵੱਡਾ ਰਸ ਮਾਣਨ ਵਾਲਾ ਤੇ ਭੋਗ ਭੋਗਣ ਵਾਲਾ ਹੈਂ।
46060	1074	ਤੂ ਨਿਰਬਾਣੁ ਤੂਹੈ ਹੀ ਜੋਗੀ॥		Thoo Nirabaan Thoohai Hee Jogee ||	You are detached in Nirvaanaa, You are the Yogi.	(ਨਿਰਾਕਾਰ ਹੁੰਦਾ ਹੋਇਆ) ਤੂੰ ਆਪ ਹੀ ਵਾਸਨਾ-ਰਹਿਤ ਜੋਗੀ ਹੈਂ।
46061	1074	ਸਰਬ ਸੂਖ ਸਹਜ ਘਰਿ ਤੇਰੈ ਅਮਿਉ ਤੇਰੀ ਦ੍ਰਿਸਟੀਜਾ ਹੇ॥੭॥		Sarab Sookh Sehaj Ghar Thaerai Amio Thaeree Dhrisatteejaa Hae ||7||	All celestial comforts are in Your home; Your Glance of Grace rains Nectar. ||7||	ਹੇ ਪ੍ਰਭੂ! ਆਤਮਕ ਅਡੋਲਤਾ ਦੇ ਸਾਰੇ ਆਨੰਦ ਤੇਰੇ ਘਰ ਵਿਚ ਮੌਜੂਦ ਹਨ, ਤੇਰੀ ਮਿਹਰ ਦੀ ਨਿਗਾਹ ਵਿਚ ਅੰਮ੍ਰਿਤ ਵੱਸ ਰਿਹਾ ਹੈ ॥੭॥
46062	1074	ਤੇਰੀ ਦਾਤਿ ਤੁਝੈ ਤੇ ਹੋਵੈ॥		Thaeree Dhaath Thujhai Thae Hovai ||	You alone give Your gifts.	ਹੇ ਪ੍ਰਭੂ! ਜਿਤਨੀ ਦਾਤ ਤੂੰ ਦੇ ਰਿਹਾ ਹੈਂ ਇਹ ਤੂੰ ਹੀ ਦੇ ਸਕਦਾ ਹੈਂ।
46063	1074	ਦੇਹਿ ਦਾਨੁ ਸਭਸੈ ਜੰਤ ਲੋਐ॥		Dhaehi Dhaan Sabhasai Janth Loai ||	You grant Your gifts unto all the beings of the world.	ਤੂੰ ਤਾਂ ਸਾਰੇ ਲੋਕਾਂ ਵਿਚ ਸਭ ਜੀਵਾਂ ਨੂੰ ਦਾਨ ਦੇ ਰਿਹਾ ਹੈਂ।
46064	1074	ਤੋਟਿ ਨ ਆਵੈ ਪੂਰ ਭੰਡਾਰੈ ਤ੍ਰਿਪਤਿ ਰਹੇ ਆਘੀਜਾ ਹੇ॥੮॥		Thott N Aavai Poor Bhanddaarai Thripath Rehae Aagheejaa Hae ||8||	Your treasures are overflowing, and are never exhausted; through them, we remain satisfied and fulfilled. ||8||	ਤੇਰੇ ਭਰੇ ਹੋਏ ਖ਼ਜ਼ਾਨੇ ਵਿਚ ਕਦੇ ਘਾਟਾ ਨਹੀਂ ਪੈ ਸਕਦਾ। ਸਾਰੇ ਹੀ ਜੀਵ (ਤੇਰੀਆਂ ਦਾਤਾਂ ਦੀ ਬਰਕਤਿ ਨਾਲ) ਪੂਰਨ ਤੌਰ ਤੇ ਰੱਜੇ ਰਹਿੰਦੇ ਹਨ ॥੮॥
46065	1074	ਜਾਚਹਿ ਸਿਧ ਸਾਧਿਕ ਬਨਵਾਸੀ॥		Jaachehi Sidhh Saadhhik Banavaasee ||	The Siddhas, seekers and forest-dwellers beg from You.	ਹੇ ਪ੍ਰਭੂ! ਜੰਗਲਾਂ ਦੇ ਵਾਸੀ ਸਿੱਧ ਤੇ ਸਾਧਿਕ (ਤੇਰੇ ਦਰ ਤੋਂ ਹੀ) ਮੰਗਦੇ ਹਨ।

46066	1074	ਜਾਚਹਿ ਜਤੀ ਸਤੀ ਸੁਖਵਾਸੀ॥		Jaachehi Jathee Sathee Sukhavaasee ||	The celibates and abstainers, and those who abide in peace beg from You.	ਸੁਖ-ਰਹਿਣੇ ਜਤੀ ਤੇ ਸਤੀ (ਭੀ ਤੇਰੇ ਦਰ ਤੋਂ) ਮੰਗਦੇ ਹਨ।
46067	1074	ਇਕੁ ਦਾਤਾਰੁ ਸਗਲ ਹੈ ਜਾਚਿਕ ਦੇਹਿ ਦਾਨੁ ਸ੍ਰਿਸਟੀਜਾ ਹੇ॥੯॥		Eik Dhaathaar Sagal Hai Jaachik Dhaehi Dhaan Srisatteejaa Hae ||9||	You alone are the Great Giver; all are beggars of You. You bless all the world with Your gifts. ||9||	ਤੂੰ ਇਕ ਦਾਤਾ ਹੈਂ, ਹੋਰ ਸਾਰੀ ਲੁਕਾਈ (ਤੇਰੇ ਦਰ ਤੋਂ) ਮੰਗਣ ਵਾਲੀ ਹੈ। ਤੂੰ ਸਾਰੀ ਸ੍ਰਿਸ਼ਟੀ ਨੂੰ ਦਾਨ ਦੇਂਦਾ ਹੈਂ ॥੯॥
46068	1074	ਕਰਹਿ ਭਗਤਿ ਅਰੁ ਰੰਗ ਅਪਾਰਾ॥		Karehi Bhagath Ar Rang Apaaraa ||	Your devotees worship You with infinite love.	(ਅਨੇਕਾਂ ਭਗਤ) ਬੇਅੰਤ ਪ੍ਰਭੂ ਦੀ ਭਗਤੀ ਕਰਦੇ ਹਨ ਅਤੇ ਆਤਮਕ ਆਨੰਦ ਮਾਣਦੇ ਹਨ।
46069	1074	ਖਿਨ ਮਹਿ ਥਾਪਿ ਉਥਾਪਨਹਾਰਾ॥		Khin Mehi Thhaap Outhhaapanehaara ||	In an instant, You establish and disestablish.	ਪਰਮਾਤਮਾ ਪੈਦਾ ਕਰ ਕੇ ਇਕ ਛਿਨ ਵਿਚ ਨਾਸ ਕਰਨ ਦੀ ਸਮਰਥਾ ਰੱਖਦਾ ਹੈ।
46070	1074	ਭਾਰੋ ਤੋਲੁ ਬੇਅੰਤ ਸੁਆਮੀ ਹੁਕਮੁ ਮੰਨਿ ਭਗਤੀਜਾ ਹੇ॥੧੦॥		Bhaaro Thol Baeanth Suaamee Hukam Mann Bhagatheejaa Hae ||10||	Your weight is so heavy, O my infinite Lord and Master. Your devotees surrender to the Hukam of Your Command. ||10||	ਉਹ ਮਾਲਕ ਬੇਅੰਤ ਤਾਕਤ ਵਾਲਾ ਹੈ ਬੇਅੰਤ ਹੈ। (ਜੀਵ) ਉਸ ਦਾ ਹੁਕਮ ਮੰਨ ਕੇ ਉਸ ਦੇ ਭਗਤ ਬਣਦੇ ਹਨ ॥੧੦॥
46071	1074	ਜਿਸੁ ਦੇਹਿ ਦਰਸੁ ਸੋਈ ਤੁਧੁ ਜਾਣੈ॥		Jis Dhaehi Dharas Soee Thudhh Jaanai ||	They alone know You, whom You bless with Your Glance of Grace.	ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਦਰਸਨ ਦੇਂਦਾ ਹੈਂ, ਉਹੀ ਤੇਰੇ ਨਾਲ ਸਾਂਝ ਪਾਂਦਾ ਹੈ।

46072	1074	ਓਹੁ ਗੁਰ ਕੈ ਸਬਦਿ ਸਦਾ ਰੰਗ ਮਾਣੈ॥		Ouhu Gur Kai Sabadh Sadhaa Rang Maanai ||	Through the Word of the Guru's Shabad, they enjoy Your Love forever.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਸਦਾ ਆਤਮਕ ਆਨੰਦ ਮਾਣਦਾ ਹੈ।
46073	1074	ਚਤੁਰੁ ਸਰੂਪੁ ਸਿਆਣਾ ਸੋਈ ਜੋ ਮਨਿ ਤੇਰੈ ਭਾਵੀਜਾ ਹੇ॥੧੧॥		Chathur Saroop Siaanaa Soee Jo Man Thaerai Bhaaveejaa Hae ||11||	They alone are clever, handsome and wise, who are pleasing to Your Mind. ||11||	ਉਹੀ ਮਨੁੱਖ (ਅਸਲ) ਸਿਆਣਾ ਹੈ ਸੋਹਣਾ ਹੈ ਅਕਲ ਵਾਲਾ ਹੈ, ਜਿਹੜਾ ਤੇਰੇ ਮਨ ਵਿਚ ਚੰਗਾ ਲੱਗਦਾ ਹੈ ॥੧੧॥
46074	1074	ਜਿਸੁ ਚੀਤਿ ਆਵਹਿ ਸੋ ਵੇਪਰਵਾਹਾ॥		Jis Cheeth Aavehi So Vaeparavaahaa ||	One who keeps You in his consciousness, becomes carefree and independent.	ਹੇ ਪ੍ਰਭੂ! ਜਿਸ ਮਨੁੱਖ ਦੇ ਚਿੱਤ ਵਿਚ ਤੂੰ ਆ ਵੱਸਦਾ ਹੈਂ ਉਸ ਨੂੰ ਕਿਸੇ ਦੀ ਮੁਥਾਜੀ ਨਹੀਂ ਰਹਿੰਦੀ,
46075	1074	ਜਿਸੁ ਚੀਤਿ ਆਵਹਿ ਸੋ ਸਾਚਾ ਸਾਹਾ॥		Jis Cheeth Aavehi So Saachaa Saahaa ||	One who keeps You in his consciousness, is the true king.	ਜਿਸ ਮਨੁੱਖ ਦੇ ਚਿੱਤ ਵਿਚ ਤੂੰ ਆ ਵੱਸਦਾ ਹੈਂ ਉਹ ਸਦਾ ਕਾਇਮ ਰਹਿਣ ਵਾਲੇ (ਨਾਮ-) ਧਨ ਦਾ ਮਾਲਕ ਬਣ ਜਾਂਦਾ ਹੈ।
46076	1074	ਜਿਸੁ ਚੀਤਿ ਆਵਹਿ ਤਿਸੁ ਭਉ ਕੇਹਾ ਅਵਰੁ ਕਹਾ ਕਿਛੁ ਕੀਜਾ ਹੇ॥੧੨॥		Jis Cheeth Aavehi This Bho Kaehaa Avar Kehaa Kishh Keejaa Hae ||12||	One who keeps You in his consciousness - what does he have to fear? And what else does he need to do? ||12||	ਜਿਸ ਮਨੁੱਖ ਦੇ ਚਿੱਤ ਵਿਚ ਤੂੰ ਆ ਵੱਸਦਾ ਹੈਂ ਉਸ ਨੂੰ ਕਿਸੇ ਤਰ੍ਹਾਂ ਦਾ ਕੋਈ ਡਰ ਨਹੀਂ ਰਹਿ ਜਾਂਦਾ, ਕੋਈ ਭੀ ਉਸ ਦਾ ਕੁਝ ਵਿਗਾੜ ਨਹੀਂ ਸਕਦਾ ॥੧੨॥

46077	1074	ਤ੍ਰਿਸਨਾ ਬੂਝੀ ਅੰਤਰੁ ਠੰਢਾ॥	ਬੂਝੀ: ਪੋਲਾ ਬੋਲੋ	Thrisanaa Boojhee Anthar Thandtaa ||	Thirst and desire are quenched, and one's inner being is cooled and soothed.	ਉਸ ਦੀ ਤ੍ਰਿਸ਼ਨਾ (ਦੀ ਅੱਗ) ਬੁੱਝ ਗਈ ਉਸ ਦਾ ਹਿਰਦਾ ਸ਼ਾਂਤ ਹੋ ਗਿਆ,
46078	1074	ਗੁਰਿ ਪੂਰੈ ਲੈ ਤੂਟਾ ਗੰਢਾ॥		Gur Poorai Lai Thoottaa Gandtaa ||	The True Guru has mended the broken one.	(ਪ੍ਰਭੂ ਨਾਲੋਂ) ਟੁੱਟੇ ਹੋਏ ਜਿਸ ਮਨੁੱਖ ਨੂੰ ਫੜ ਕੇ ਪੂਰੇ ਗੁਰੂ ਨੇ (ਮੁੜ ਪ੍ਰਭੂ ਨਾਲ) ਜੋੜ ਦਿੱਤਾ।
46079	1074	ਸੁਰਤਿ ਸਬਦੁ ਰਿਦ ਅੰਤਰਿ ਜਾਗੀ ਅਮਿਉ ਝੋਲਿ ਝੋਲਿ ਪੀਜਾ ਹੇ॥੧੩॥		Surath Sabadh Ridh Anthar Jaagee Amio Jhol Jhol Peejaa Hae ||13||	Awareness of the Word of the Shabad has awakened within my heart. Shaking it and vibrating it, I drink in the Ambrosial Nectar. ||13||	ਗੁਰੂ ਦੇ ਸ਼ਬਦ ਨੂੰ ਸੁਰਤ ਵਿਚ (ਟਿਕਾਣ ਦੀ ਸੂਝ ਉਸ ਮਨੁੱਖ ਦੇ) ਹਿਰਦੇ ਵਿਚ ਜਾਗ ਪਈ। ਉਹ ਮਨੁੱਖ ਬੜੇ ਸੁਆਦ ਨਾਲ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਂਦਾ ਹੈ ॥੧੩॥
46080	1074	ਮਰੈ ਨਾਹੀ ਸਦ ਸਦ ਹੀ ਜੀਵੈ॥		Marai Naahee Sadh Sadh Hee Jeevai ||	I shall not die; I shall live forever and ever.	ਉਹ ਆਤਮਕ ਮੌਤ ਨਹੀਂ ਸਹੇੜਦਾ, ਉਹ ਸਦਾ ਹੀ ਆਤਮਕ ਜੀਵਨ ਜੀਉਂਦਾ ਹੈ।
46081	1074	ਅਮਰੁ ਭਇਆ ਅਬਿਨਾਸੀ ਥੀਵੈ॥		Amar Bhaeiaa Abinaasee Thheevai ||	I have become immortal; I am eternal and imperishable.	ਉਹ ਅਟੱਲ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ, ਉਸ ਨੂੰ ਮੌਤ ਦਾ ਸਹਮ ਨਹੀਂ ਵਿਆਪਦਾ।
46082	1074	ਨਾ ਕੋ ਆਵੈ ਨਾ ਕੋ ਜਾਵੈ ਗੁਰਿ ਦੂਰਿ ਕੀਆ ਭਰਮੀਜਾ ਹੇ॥੧੪॥		Naa Ko Aavai Naa Ko Jaavai Gur Dhoor Keeaa Bharameejaa Hae ||14||	I do not come, and I do not go. The Guru has driven out my doubts. ||14||	ਗੁਰੂ ਨੇ ਜਿਸ ਮਨੁੱਖ ਦੀ ਭਟਕਣਾ ਦੂਰ ਕਰ ਦਿੱਤੀ, ਅਜਿਹਾ ਮਨੁੱਖ ਜਨਮ ਮਰਨ ਦੇ ਗੇੜ ਤੋਂ ਬਚ ਜਾਂਦਾ ਹੈ ॥੧੪॥

46083	1074	ਪੂਰੇ ਗੁਰ ਕੀ ਪੂਰੀ ਬਾਣੀ॥		Poorae Gur Kee Pooree Baanee ||	Perfect is the Word of the Perfect Guru.	ਜਿਹੜਾ ਮਨੁੱਖ ਪੂਰੇ ਗੁਰੂ ਦੀ ਪੂਰੀ ਬਾਣੀ ਦੀ ਰਾਹੀਂ-
46084	1074	ਪੂਰੈ ਲਾਗਾ ਪੂਰੇ ਮਾਹਿ ਸਮਾਣੀ॥		Poorai Laagaa Poorae Maahi Samaanee ||	One who is attached to the Perfect Lord, is immersed in the Perfect Lord.	ਪੂਰਨ ਪਰਮਾਤਮਾ ਦੀ ਯਾਦ ਵਿਚ ਜੁੜਦਾ ਹੈ, ਉਹ ਉਸ ਵਿਚ ਸਮਾਇਆ ਰਹਿੰਦਾ ਹੈ।
46085	1074	ਚੜੈ ਸਵਾਇਆ ਨਿਤ ਨਿਤ ਰੰਗਾ ਘਟੈ ਨਾਹੀ ਤੋਲੀਜਾ ਹੇ॥੧੫॥	ਚੜ੍ਹੈ	Charrai Savaaeiaa Nith Nith Rangaa Ghattai Naahee Tholeejaa Hae ||15||	His love increases day by day, and when it is weighed, it does not decrease. ||15||	ਪਰਮਾਤਮਾ ਦੇ ਪ੍ਰੇਮ ਦਾ ਰੰਗ (ਉਸ ਦੇ ਹਿਰਦੇ ਵਿਚ) ਸਦਾ ਹੀ ਵਧਦਾ ਰਹਿੰਦਾ ਹੈ, ਪੜਤਾਲ ਕੀਤਿਆਂ ਉਹ ਕਦੇ ਭੀ ਘੱਟ ਨਹੀਂ ਹੁੰਦਾ ॥੧੫॥
46086	1074	ਬਾਰਹਾ ਕੰਚਨੁ ਸੁਧੁ ਕਰਾਇਆ॥		Baarehaa Kanchan Sudhh Karaaeiaa ||	When the gold is made one hundred percent pure,	ਉਹ ਮਨੁੱਖ ਬਾਰਾਂ ਵੰਨੀ ਦੇ ਸੋਨੇ ਵਰਗਾ ਖਰਾ ਹੋ ਜਾਂਦਾ ਹੈ,
46087	1074	ਨਦਰਿ ਸਰਾਫ ਵੰਨੀਸ ਚੜਾਇਆ॥	(ਵੰਨੀਸ) ਕਸੌਟੀ ਤੇ ਚੜ੍ਹਾਇਆ ਪਰਖਿਆ। (ਦੂਜਾ ਪਾਠ: ਵੰਨੀ ਸ ਚੜਾਇਆ)	Nadhar Saraaf Vannee Sacharraaeiaa ||	Its color is true to the jeweller's eye.	ਉਹ ਸੋਹਣੇ ਰੰਗ ਵਾਲਾ (ਸੋਹਣੇ ਆਤਮਕ ਜੀਵਨ ਵਾਲਾ) ਗੁਰੂ-ਸਰਾਫ਼ ਦੀਆਂ ਨਜ਼ਰਾਂ ਵਿਚ ਪਰਵਾਨ ਹੋ ਜਾਂਦਾ ਹੈ।
46088	1074	ਪਰਖਿ ਖਜਾਨੈ ਪਾਇਆ ਸਰਾਫੀ ਫਿਰਿ ਨਾਹੀ ਤਾਈਜਾ ਹੇ॥੧੬॥		Parakh Khajaanai Paaeiaa Saraafee Fir Naahee Thaaeejaa Hae ||16||	Assaying it, it is placed in the treasury by God the Jeweller, and it is not melted down again. ||16||	(ਜਿਵੇਂ ਸੁੱਧ ਸੋਨੇ ਨੂੰ) ਸਰਾਫ਼ ਪਰਖ ਕੇ ਖ਼ਜ਼ਾਨੇ ਵਿਚ ਪਾ ਲੈਂਦੇ ਹਨ, ਤੇ ਉਸ ਨੂੰ ਫਿਰ ਪਰਖਣ ਲਈ ਤਾਇਆ ਨਹੀਂ ਜਾਂਦਾ (ਇਸ ਤਰ੍ਹਾਂ ਉਹ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਕਬੂਲ ਹੋ ਜਾਂਦਾ ਹੈ) ॥੧੬॥

46089	1074	ਅੰਮ੍ਰਿਤ ਨਾਮੁ ਤੁਮਾਰਾ ਸੁਆਮੀ॥		Anmrith Naam Thumaaraa Suaamee ||	Your Naam is Ambrosial Nectar, O my Lord and Master.	ਹੇ ਮੇਰੇ ਮਾਲਕ-ਪ੍ਰਭੂ! ਤੇਰਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ।
46090	1074	ਨਾਨਕ ਦਾਸ ਸਦਾ ਕੁਰਬਾਨੀ॥		Naanak Dhaas Sadhaa Kurabaanee ||	Nanak, Your slave, is forever a sacrifice to You.	ਹੇ ਨਾਨਕ! ਤੇਰੇ ਦਾਸ ਤੈਥੋਂ ਸਦਾ ਸਦਕੇ ਜਾਂਦੇ ਹਨ।
46091	1074	ਸੰਤਸੰਗਿ ਮਹਾ ਸੁਖੁ ਪਾਇਆ ਦੇਖਿ ਦਰਸਨੁ ਇਹੁ ਮਨੁ ਭੀਜਾ ਹੇ॥੧੭॥੧॥੩॥		Santhasang Mehaa Sukh Paaeiaa Dhaekh Dharasan Eihu Man Bheejaa Hae ||17||1||3||	In the Society of the Saints, I have found great peace; gazing upon the Blessed Vision of the Lord's Darshan, this mind is pleased and satisfied. ||17||1||3||	ਗੁਰੂ ਦੀ ਸੰਗਤ ਵਿਚ ਰਹਿ ਕੇ ਉਹ ਬਹੁਤ ਆਤਮਕ ਆਨੰਦ ਮਾਣਦੇ ਹਨ, (ਤੇਰਾ) ਦਰਸਨ ਕਰ ਕੇ ਉਹਨਾਂ ਦਾ ਇਹ ਮਨ (ਤੇਰੇ ਨਾਮ-ਰਸ ਵਿਚ) ਭਿੱਜਾ ਰਹਿੰਦਾ ਹੈ ॥੧੭॥੧॥੩॥
46092	1074	ਮਾਰੂ ਮਹਲਾ ੫ ਸੋਲਹੇ		Maaroo Mehalaa 5 Solehae	Maaroo, Fifth Mehl, Solhas:	ਰਾਗ ਮਾਰੂ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਸੋਹਲੇ' (੧੬ ਬੰਦਾਂ ਵਾਲੀ ਬਾਣੀ)।
46093	1074	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
46094	1074	ਗੁਰੁ ਗੋਪਾਲੁ ਗੁਰੁ ਗੋਵਿੰਦਾ॥		Gur Gopaal Gur Govindhaa ||	The Guru is the Lord of the World, the Guru is the Master of the Universe.	(ਗੁਰੂ ਦੇ ਸੇਵਕ ਵਾਸਤੇ) ਗੁਰੂ ਗੋਪਾਲ (ਦਾ ਰੂਪ) ਹੈ, ਗੁਰੂ ਗੋਵਿੰਦ (ਦਾ ਰੂਪ) ਹੈ।

46095	1074	ਗੁਰੁ ਦਇਆਲੁ ਸਦਾ ਬਖਸਿੰਦਾ॥	ਬਖ-ਸਿੰਦਾ	Gur Dhaeiaal Sadhaa Bakhasindhaa ||	The Guru is merciful, and always forgiving.	ਗੁਰੂ ਦਰਿਆ ਦਾ ਸੋਮਾ ਹੈ, ਗੁਰੂ ਸਦਾ ਬਖ਼ਸ਼ਸ਼ ਕਰਨ ਵਾਲਾ ਹੈ।
46096	1074	ਗੁਰੁ ਸਾਸਤ ਸਿਮ੍ਰਿਤਿ ਖਟੁ ਕਰਮਾ ਗੁਰੁ ਪਵਿਤ੍ਰੁ ਅਸਥਾਨਾ ਹੇ॥੧॥	ਸਿਮ-ਰ੍ਿਤਿ	Gur Saasath Simrith Khatt Karamaa Gur Pavithra Asathhaanaa Hae ||1||	The Guru is the Shaastras, the Simritees and the six rituals. The Guru is the Holy Shrine. ||1||	(ਸੇਵਕ ਵਾਸਤੇ) ਗੁਰੂ (ਹੀ ਸ਼ਾਸਤ੍ਰ ਹੈ, ਸਿਮ੍ਰਿਤੀ ਹੈ, ਛੇ ਧਾਰਮਿਕ ਕਰਮ ਹੈ; ਗੁਰੂ ਹੀ ਪਵਿੱਤਰ ਤੀਰਥ ਹੈ ॥੧॥
46097	1075	ਗੁਰੁ ਸਿਮਰਤ ਸਭਿ ਕਿਲਵਿਖ ਨਾਸਹਿ॥		Gur Simarath Sabh Kilavikh Naasehi ||	Meditating in remembrance on the Guru, all the sins are erased.	ਗੁਰੂ ਨੂੰ (ਹਰ ਵੇਲੇ) ਯਾਦ ਕਰਦਿਆਂ ਸਾਰੇ ਪਾਪ ਨਾਸ ਹੋ ਜਾਂਦੇ ਹਨ,
46098	1075	ਗੁਰੁ ਸਿਮਰਤ ਜਮ ਸੰਗਿ ਨ ਫਾਸਹਿ॥		Gur Simarath Jam Sang N Faasehi ||	Meditating in remembrance on the Guru, one is not strangled by the noose of Death.	ਗੁਰੂ ਨੂੰ ਯਾਦ ਕਰਦਿਆਂ (ਜੀਵ) ਜਮ ਦੀ ਫਾਹੀ ਵਿਚ ਨਹੀਂ ਫਸਦੇ (ਆਤਮਕ ਮੌਤ ਤੋਂ ਬਚੇ ਰਹਿੰਦੇ ਹਨ)।
46099	1075	ਗੁਰੁ ਸਿਮਰਤ ਮਨੁ ਨਿਰਮਲੁ ਹੋਵੈ ਗੁਰੁ ਕਾਟੇ ਅਪਮਾਨਾ ਹੇ॥੨॥		Gur Simarath Man Niramal Hovai Gur Kaattae Apamaanaa Hae ||2||	Meditating in remembrance on the Guru, the mind becomes immaculate; the Guru eliminates egotistical pride. ||2||	ਗੁਰੂ ਨੂੰ ਯਾਦ ਕਰਦਿਆਂ ਮਨ ਪਵਿੱਤਰ ਹੋ ਜਾਂਦਾ ਹੈ, (ਤੇ ਇਸ ਤਰ੍ਹਾਂ) ਗੁਰੂ ਮਨੁੱਖ ਨੂੰ (ਲੋਕ ਪਰਲੋਕ ਦੀ) ਨਿਰਾਦਰੀ ਤੋਂ ਬਚਾ ਲੈਂਦਾ ਹੈ ॥੨॥

46100	1075	ਗੁਰ ਕਾ ਸੇਵਕੁ ਨਰਕਿ ਨ ਜਾਏ॥		Gur Kaa Saevak Narak N Jaaeae ||	The Guru's servant is not consigned to hell.	ਗੁਰੂ ਦਾ ਸੇਵਕ ਨਰਕ ਵਿਚ ਨਹੀਂ ਪੈਂਦਾ,
46101	1075	ਗੁਰ ਕਾ ਸੇਵਕੁ ਪਾਰਬ੍ਰਹਮੁ ਧਿਆਏ॥		Gur Kaa Saevak Paarabreham Dhhiaaeae ||	The Guru's servant meditates on the Supreme Lord God.	(ਕਿਉਂਕਿ) ਗੁਰੂ ਦਾ ਸੇਵਕ ਪਰਮਾਤਮਾ ਦਾ ਸਿਮਰਨ ਕਰਦਾ ਰਹਿੰਦਾ ਹੈ।
46102	1075	ਗੁਰ ਕਾ ਸੇਵਕੁ ਸਾਧਸੰਗੁ ਪਾਏ ਗੁਰੁ ਕਰਦਾ ਨਿਤ ਜੀਅ ਦਾਨਾ ਹੇ॥੩॥		Gur Kaa Saevak Saadhhasang Paaeae Gur Karadhaa Nith Jeea Dhaanaa Hae ||3||	The Guru's servant joins the Saadh Sangat, the Company of the Holy; the Guru ever gives the life of the soul. ||3||	ਗੁਰੂ ਦਾ ਸੇਵਕ ਸਾਧ ਸੰਗਤ (ਦਾ ਮਿਲਾਪ) ਹਾਸਲ ਕਰ ਲੈਂਦਾ ਹੈ, (ਸਾਧ ਸੰਗਤ ਵਿਚ) ਗੁਰੂ ਉਸ ਨੂੰ ਸਦਾ ਆਤਮਕ ਜੀਵਨ ਦੀ ਦਾਤ ਬਖ਼ਸ਼ਦਾ ਹੈ ॥੩॥
46103	1075	ਗੁਰ ਦੁਆਰੈ ਹਰਿ ਕੀਰਤਨੁ ਸੁਣੀਐ॥		Gur Dhuaarai Har Keerathan Suneeai ||	At the Gurdwara, the Guru's Gate, the Kirtan of the Lord's Praises are sung.	ਗੁਰੂ ਦੇ ਦਰ ਤੇ ਰਹਿ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣਨੀ ਚਾਹੀਦੀ ਹੈ,
46104	1075	ਸਤਿਗੁਰੁ ਭੇਟਿ ਹਰਿ ਜਸੁ ਮੁਖਿ ਭਣੀਐ॥		Sathigur Bhaett Har Jas Mukh Bhaneeai ||	Meeting with the True Guru, one chants the Lord's Praises.	ਹਰੀ ਦਾ ਜਸ ਮੂੰਹੋਂ ਉਚਾਰਨਾ ਚਾਹੀਦਾ ਹੈ (ਜਿਸ ਨੂੰ) ਗੁਰੂ ਮਿਲ ਪੈਂਦਾ ਹੈ (ਉਹ ਮਨੁੱਖ ਸਦਾ ਇਹ ਉੱਦਮ ਕਰਦਾ ਹੈ)।

46105	1075	ਕਲਿ ਕਲੇਸ ਮਿਟਾਏ ਸਤਿਗੁਰੁ ਹਰਿ ਦਰਗਹ ਦੇਵੈ ਮਾਨਾਂ ਹੇ॥੪॥		Kal Kalaes Mittaaeae Sathigur Har Dharageh Dhaevai Maanaan Hae ||4||	The True Guru eradicates sorrow and suffering, and bestows honor in the Court of the Lord. ||4||	ਗੁਰੂ (ਮਨੁੱਖ ਦੇ) ਸਾਰੇ ਝਗੜੇ ਕਲੇਸ਼ ਮਿਟਾ ਦੇਂਦਾ ਹੈ, ਗੁਰੂ ਮਨੁੱਖ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ-ਸਤਕਾਰ ਦੇਂਦਾ ਹੈ ॥੪॥
46106	1075	ਅਗਮੁ ਅਗੋਚਰੁ ਗੁਰੂ ਦਿਖਾਇਆ॥	ਅ-ਗਮ: ਪੋਲਾ ਬੋਲੋ ਸੋਗ ਰਹਿਤ	Agam Agochar Guroo Dhikhaaeiaa ||	The Guru has revealed the inaccessible and unfathomable Lord.	ਗੁਰੂ ਨੇ ਹੀ ਉਸ ਨੂੰ ਅਪਹੁੰਚ ਤੇ ਅਗੋਚਰ ਪਰਮਾਤਮਾ ਦਾ ਦਰਸਨ ਕਰਾਇਆ ਹੈ।
46107	1075	ਭੂਲਾ ਮਾਰਗਿ ਸਤਿਗੁਰਿ ਪਾਇਆ॥		Bhoolaa Maarag Sathigur Paaeiaa ||	The True Guru returns to the Path, those who have wandered away.	ਕੁਰਾਹੇ ਜਾ ਰਹੇ ਮਨੁੱਖ ਨੂੰ ਗੁਰੂ ਨੇ ਹੀ (ਸਦਾ) ਸਹੀ ਜੀਵਨ-ਰਾਹ ਤੇ ਪਾਇਆ ਹੈ।
46108	1075	ਗੁਰ ਸੇਵਕ ਕਉ ਬਿਘਨੁ ਨ ਭਗਤੀ ਹਰਿ ਪੂਰ ਦ੍ਰਿੜਾਇਆ ਗਿਆਨਾਂ ਹੇ॥੫॥		Gur Saevak Ko Bighan N Bhagathee Har Poor Dhrirrhaaeiaa Giaanaan Hae ||5||	No obstacles stand in the way of devotion to the Lord, for one who serves the Guru. The Guru implants perfect spiritual wisdom. ||5||	ਭਗਤੀ ਦੀ ਬਰਕਤਿ ਨਾਲ ਗੁਰੂ ਦੇ ਸੇਵਕ ਦੇ ਜੀਵਨ-ਸਫ਼ਰ ਵਿਚ ਕੋਈ ਰੁਕਾਵਟ ਨਹੀਂ ਪੈਂਦੀ ਗੁਰੂ ਹੀ ਪੂਰਨ ਪਰਮਾਤਮਾ ਨਾਲ ਡੂੰਘੀ ਸਾਂਝ ਸੇਵਕ ਦੇ ਹਿਰਦੇ ਵਿਚ ਪੱਕੀ ਕਰਦਾ ਹੈ ॥੫॥
46109	1075	ਗੁਰਿ ਦ੍ਰਿਸਟਾਇਆ ਸਭਨੀ ਠਾਂਈ॥		Gur Dhrisattaaeiaa Sabhanee Thaanee ||	The Guru has revealed the Lord everywhere.	ਗੁਰੂ ਨੇ (ਹੀ ਸੇਵਕ ਨੂੰ ਪਰਮਾਤਮਾ) ਸਭਨੀਂ ਥਾਈਂ ਵੱਸਦਾ ਵਿਖਾਇਆ ਹੈ (ਤੇ ਦੱਸਿਆ ਹੈ ਕਿ)

46110	1075	ਜਲਿ ਥਲਿ ਪੂਰਿ ਰਹਿਆ ਗੋਸਾਈ॥		Jal Thhal Poor Rehiaa Gosaaee ||	The Lord of the Universe is permeating and pervading the water and the land.	ਸ੍ਰਿਸ਼ਟੀ ਦਾ ਮਾਲਕ ਜਲ ਵਿਚ ਧਰਤੀ ਵਿਚ (ਹਰ ਥਾਂ) ਵਿਆਪਕ ਹੈ, ਉੱਚੇ ਤੇ ਖ਼ਾਲੀ ਸਭ ਥਾਈਂ ਇਕੋ ਜਿਹਾ ਵਿਆਪਕ ਹੈ।
46111	1075	ਊਚ ਊਨ ਸਭ ਏਕ ਸਮਾਨਾਂ ਮਨਿ ਲਾਗਾ ਸਹਜਿ ਧਿਆਨਾ ਹੇ॥੬॥		Ooch Oon Sabh Eaek Samaanaan Man Laagaa Sehaj Dhhiaanaa Hae ||6||	The high and the low are all the same to Him. Focus your mind's meditation intuitively on Him. ||6||	(ਗੁਰੂ ਦੀ ਰਾਹੀਂ ਹੀ ਸੇਵਕ ਦੇ) ਮਨ ਵਿਚ ਆਤਮਕ ਅਡੋਲਤਾ ਦੀ ਬਰਕਤਿ ਨਾਲ ਪ੍ਰਭੂ-ਚਰਨਾਂ ਵਿਚ ਸੁਰਤ ਜੁੜਦੀ ਹੈ ॥੬॥
46112	1075	ਗੁਰਿ ਮਿਲਿਐ ਸਭ ਤ੍ਰਿਸਨ ਬੁਝਾਈ॥	ਬੁਝਾਈ: ਪੋਲਾ ਬੋਲੋ	Gur Miliai Sabh Thrisan Bujhaaee ||	Meeting with the Guru, all thirst is quenched.	ਜੇ ਮਨੁੱਖ ਨੂੰ ਗੁਰੂ ਮਿਲ ਪਏ ਤਾਂ ਉਹ (ਮਨੁੱਖ ਦੇ ਅੰਦਰੋਂ) ਸਾਰੀ ਤ੍ਰਿਸ਼ਨਾ (ਦੀ ਅੱਗ) ਬੁਝਾ ਦੇਂਦਾ ਹੈ,
46113	1075	ਗੁਰਿ ਮਿਲਿਐ ਨਹ ਜੋਹੈ ਮਾਈ॥		Gur Miliai Neh Johai Maaee ||	Meeting with the Guru, one is not watched by Maya.	ਮਨੁੱਖ ਉਤੇ ਮਾਇਆ ਆਪਣਾ ਪ੍ਰਭਾਵ ਨਹੀਂ ਪਾ ਸਕਦੀ।
46114	1075	ਸਤੁ ਸੰਤੋਖੁ ਦੀਆ ਗੁਰਿ ਪੂਰੈ ਨਾਮੁ ਅੰਮ੍ਰਿਤੁ ਪੀ ਪਾਨਾਂ ਹੇ॥੭॥		Sath Santhokh Dheeaa Gur Poorai Naam Anmrith Pee Paanaan Hae ||7||	The Perfect Guru bestows truth and contentment; I drink in the Ambrosial Nectar of the Naam, the Name of the Lord. ||7||	(ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਸਤ ਅਤੇ ਸੰਤੋਖ ਬਖ਼ਸ਼ਿਆ, ਉਹ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਆਪ ਪੀਂਦਾ ਹੈ ਤੇ ਹੋਰਨਾਂ ਨੂੰ ਪਿਲਾਂਦਾ ਹੈ ॥੭॥

46115	1075	ਗੁਰ ਕੀ ਬਾਣੀ ਸਭ ਮਾਹਿ ਸਮਾਣੀ॥		Gur Kee Baanee Sabh Maahi Samaanee ||	The Word of the Guru's Bani is contained in all.	ਗੁਰੂ ਦੀ ਬਾਣੀ ਸਭ ਜੀਵਾਂ ਦੇ ਹਿਰਦੇ ਵਿਚ ਟਿਕਣ-ਜੋਗ ਹੈ,
46116	1075	ਆਪਿ ਸੁਣੀ ਤੈ ਆਪਿ ਵਖਾਣੀ॥		Aap Sunee Thai Aap Vakhaanee ||	He Himself hears it, and He Himself repeats it.	ਗੁਰੂ ਨੇ (ਪਰਮਾਤਮਾ ਪਾਸੋਂ) ਆਪ ਸੁਣੀ ਅਤੇ (ਦੁਨੀਆ ਦੇ ਜੀਵਾਂ ਨੂੰ) ਆਪ ਸੁਣਾਈ ਹੈ।
46117	1075	ਜਿਨਿ ਜਿਨਿ ਜਪੀ ਤੇਈ ਸਭਿ ਨਿਸਤ੍ਰੇ ਤਿਨ ਪਾਇਆ ਨਿਹਚਲ ਥਾਨਾਂ ਹੇ॥੮॥		Jin Jin Japee Thaeee Sabh Nisathrae Thin Paaeiaa Nihachal Thhaanaan Hae ||8||	Those who meditate on it, are all emancipated; they attain the eternal and unchanging home. ||8||	ਜਿਸ ਜਿਸ ਮਨੁੱਖ ਨੇ ਇਹ ਬਾਣੀ ਹਿਰਦੇ ਵਿਚ ਵਸਾਈ ਹੈ, ਉਹ ਸਾਰੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ, ਉਹਨਾਂ ਨੇ ਉਹ ਆਤਮਕ ਟਿਕਾਣਾ ਹਾਸਲ ਕਰ ਲਿਆ ਹੈ ਜੋ (ਮਾਇਆ ਦੇ ਪ੍ਰਭਾਵ ਹੇਠ) ਡੋਲਦਾ ਨਹੀਂ ਹੈ ॥੮॥
46118	1075	ਸਤਿਗੁਰ ਕੀ ਮਹਿਮਾ ਸਤਿਗੁਰੁ ਜਾਣੈ॥		Sathigur Kee Mehimaa Sathigur Jaanai ||	The Glory of the True Guru is known only to the True Guru.	ਗੁਰੂ ਦੀ ਉੱਚ-ਆਤਮਕਤਾ ਗੁਰੂ (ਹੀ) ਜਾਣਦਾ ਹੈ।
46119	1075	ਜੋ ਕਿਛੁ ਕਰੇ ਸੁ ਆਪਣ ਭਾਣੈ॥		Jo Kishh Karae S Aapan Bhaanai ||	Whatever He does, is according to the Pleasure of His Will.	(ਗੁਰੂ ਹੀ ਜਾਣਦਾ ਹੈ ਕਿ ਪਰਮਾਤਮਾ) ਜੋ ਕੁਝ ਕਰਦਾ ਹੈ ਆਪਣੀ ਰਜ਼ਾ ਵਿਚ ਕਰਦਾ ਹੈ।

46120	1075	ਸਾਧੂ ਧੂਰਿ ਜਾਚਹਿ ਜਨ ਤੇਰੇ ਨਾਨਕ ਸਦ ਕੁਰਬਾਨਾਂ ਹੇ॥੯॥੧॥੪॥		Saadhhoo Dhhoor Jaachehi Jan Thaerae Naanak Sadh Kurabaanaan Hae ||9||1||4||	Your humble servants beg for the dust of the feet of the Holy; Nanak is forever a sacrifice to You. ||9||1||4||	ਹੇ ਨਾਨਕ! ਪ੍ਰਭੂ ਦੇ ਸੇਵਕ ਗੁਰੂ ਦੇ ਚਰਨਾਂ ਦੀ ਧੂੜ ਮੰਗਦੇ ਹਨ ਤੇ (ਗੁਰੂ ਤੋਂ) ਸਦਾ ਸਦਕੇ ਜਾਂਦੇ ਹਨ ॥੯॥੧॥੪॥
46121	1075	ਮਾਰੂ ਸੋਲਹੇ ਮਹਲਾ ੫		Maaroo Solehae Mehalaa 5	Maaroo, Solahas, Fifth Mehl:	ਰਾਗ ਮਾਰੂ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਸੋਹਲੇ' (੧੬ ਬੰਦਾਂ ਵਾਲੀ ਬਾਣੀ)।
46122	1075	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
46123	1075	ਆਦਿ ਨਿਰੰਜਨੁ ਪ੍ਰਭੁ ਨਿਰੰਕਾਰਾ॥		Aadh Niranjan Prabh Nirankaaraa ||	The Primal, Immaculate Lord God is formless.	ਉਹ ਪਰਮਾਤਮਾ, ਜੋ ਸਭ ਦਾ ਮੂਲ ਹੈ ਜੋ ਮਾਇਆ ਦੇ ਪ੍ਰਭਾਵ ਤੋਂ ਰਹਿਤ ਹੈ ਤੇ ਜਿਸ ਦਾ ਕੋਈ ਖ਼ਾਸ ਸਰੂਪ ਦੱਸਿਆ ਨਹੀਂ ਜਾ ਸਕਦਾ,
46124	1075	ਸਭ ਮਹਿ ਵਰਤੈ ਆਪਿ ਨਿਰਾਰਾ॥		Sabh Mehi Varathai Aap Niraaraa ||	The Detached Lord is Himself prevailing in all.	ਸਭ ਜੀਵਾਂ ਵਿਚ ਮੌਜੂਦ ਹੈ, ਤੇ ਫਿਰ ਭੀ ਨਿਰਲੇਪ ਰਹਿੰਦਾ ਹੈ।

46125	1075	ਵਰਨੁ ਜਾਤਿ ਚਿਹਨੁ ਨਹੀ ਕੋਈ ਸਭ ਹੁਕਮੇ ਸ੍ਰਿਸਟਿ ਉਪਾਇਦਾ॥੧॥		Varan Jaath Chihan Nehee Koee Sabh Hukamae Srisatt Oupaaeidhaa ||1||	He has no race or social class, no identifying mark. By the Hukam of His Will, He created the entire universe. ||1||	ਉਸ ਦਾ ਕੋਈ (ਬ੍ਰਾਹਮਣ ਖਤ੍ਰੀ ਆਦਿਕ) ਵਰਨ ਨਹੀਂ, ਕੋਈ ਜਾਤਿ ਨਹੀਂ, ਕੋਈ ਚਿਹਨ ਨਹੀਂ। ਉਹ ਆਪਣੇ ਹੁਕਮ ਅਨੁਸਾਰ ਹੀ ਸਾਰੀ ਸ੍ਰਿਸ਼ਟੀ ਪੈਦਾ ਕਰਦਾ ਹੈ ॥੧॥
46126	1075	ਲਖ ਚਉਰਾਸੀਹ ਜੋਨਿ ਸਬਾਈ॥		Lakh Chouraaseeh Jon Sabaaee ||	Out of all the 8.4 million species of beings,	ਸਾਰੀਆਂ ਚੌਰਾਸੀ ਲੱਖ ਜੂਨਾਂ ਵਿਚੋਂ-
46127	1075	ਮਾਣਸ ਕਉ ਪ੍ਰਭਿ ਦੀਈ ਵਡਿਆਈ॥	ਦੀ-ਈ	Maanas Ko Prabh Dheeee Vaddiaaee ||	God blessed mankind with glory.	ਪਰਮਾਤਮਾ ਨੇ ਮਨੁੱਖਾ ਜਨਮ ਨੂੰ ਵਡਿਆਈ ਦਿੱਤੀ ਹੈ।
46128	1075	ਇਸੁ ਪਉੜੀ ਤੇ ਜੋ ਨਰੁ ਚੂਕੈ ਸੋ ਆਇ ਜਾਇ ਦੁਖੁ ਪਾਇਦਾ॥੨॥		Eis Pourree Thae Jo Nar Chookai So Aae Jaae Dhukh Paaeidhaa ||2||	That human who misses this chance, shall suffer the pains of coming and going in reincarnation. ||2||	ਪਰ ਜਿਹੜਾ ਮਨੁੱਖ ਇਸ ਪੌੜੀ ਤੋਂ ਖੁੰਝ ਜਾਂਦਾ ਹੈ, ਉਹ ਜਨਮ ਮਰਨ ਦੇ ਗੇੜ ਵਿਚ ਪੈ ਕੇ ਦੁੱਖ ਭੋਗਦਾ ਹੈ ॥੨॥
46129	1075	ਕੀਤਾ ਹੋਵੈ ਤਿਸੁ ਕਿਆ ਕਹੀਐ॥		Keethaa Hovai This Kiaa Keheeai ||	What should I say, to one who has been created.	ਪਰਮਾਤਮਾ ਦੇ ਪੈਦਾ ਕੀਤੇ ਹੋਏ ਦੀ ਵਡਿਆਈ ਕਰਦੇ ਰਹਿਣਾ ਵਿਅਰਥ ਹੈ (ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ)

46130	1075	ਗੁਰਮੁਖਿ ਨਾਮੁ ਪਦਾਰਥੁ ਲਹੀਐ॥		Guramukh Naam Padhaarathh Leheeai ||	The Gurmukh receives the treasure of the Naam, the Name of the Lord.	ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਕੀਮਤੀ ਨਾਮ ਪ੍ਰਾਪਤ ਕਰਨਾ ਚਾਹੀਦਾ ਹੈ।
46131	1075	ਜਿਸੁ ਆਪਿ ਭੁਲਾਏ ਸੋਈ ਭੂਲੈ ਸੋ ਬੂਝੈ ਜਿਸਹਿ ਬੁਝਾਇਦਾ॥੩॥	ਨੱਗਰੁ	Jis Aap Bhulaaeae Soee Bhoolai So Boojhai Jisehi Bujhaaeidhaa ||3||	He alone is confused, whom the Lord Himself confuses. He alone understands, whom the Lord inspires to understand. ||3||	(ਪਰ ਜੀਵ ਦੇ ਵੱਸ ਦੀ ਇਹ ਗੱਲ ਨਹੀਂ ਹੈ) ਜਿਸ ਮਨੁੱਖ ਨੂੰ ਪਰਮਾਤਮਾ ਆਪ ਕੁਰਾਹੇ ਪਾ ਦੇਂਦਾ ਹੈ, ਉਹ ਮਨੁੱਖ ਕੁਰਾਹੇ ਪਿਆ ਰਹਿੰਦਾ ਹੈ। ਉਹ ਮਨੁੱਖ ਹੀ ਸਹੀ ਜੀਵਨ-ਰਸਤਾ ਸਮਝਦਾ ਹੈ ਜਿਸ ਨੂੰ ਪਰਮਾਤਮਾ ਆਪ ਸਮਝਾਂਦਾ ਹੈ ॥੩॥
46132	1075	ਹਰਖ ਸੋਗ ਕਾ ਨਗਰੁ ਇਹੁ ਕੀਆ॥		Harakh Sog Kaa Nagar Eihu Keeaa ||	This body has been made the village of joy and sorrow.	ਪਰਮਾਤਮਾ ਨੇ ਇਸ ਮਨੁੱਖਾ ਸਰੀਰ ਨੂੰ ਖ਼ੁਸ਼ੀ ਗ਼ਮੀ ਦਾ ਨਗਰ ਬਣਾ ਦਿੱਤਾ ਹੈ।
46133	1075	ਸੇ ਉਬਰੇ ਜੋ ਸਤਿਗੁਰ ਸਰਣੀਆ॥	ਸਰਣੀ-ਆ	Sae Oubarae Jo Sathigur Saraneeaa ||	They alone are emancipated, who seek the Sanctuary of the True Guru.	ਉਹ ਮਨੁੱਖ ਹੀ (ਇਹਨਾਂ ਦੇ ਪ੍ਰਭਾਵ ਤੋਂ) ਬਚਦੇ ਹਨ ਜਿਹੜੇ ਗੁਰੂ ਦੀ ਸਰਨ ਪੈਂਦੇ ਹਨ।
46134	1075	ਤ੍ਰਿਹਾ ਗੁਣਾ ਤੇ ਰਹੈ ਨਿਰਾਰਾ ਸੋ ਗੁਰਮੁਖਿ ਸੋਭਾ ਪਾਇਦਾ॥੪॥		Thrihaa Gunaa Thae Rehai Niraaraa So Guramukh Sobhaa Paaeidhaa ||4||	One who remains untouched by the three qualities, the three gunas - such a Gurmukh is blessed with glory. ||4||	ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਮਾਇਆ ਦੇ ਤਿੰਨ ਗੁਣਾਂ ਤੋਂ ਨਿਰਾਲਾ ਰਹਿੰਦਾ ਹੈ ਉਹ (ਲੋਕ ਪਰਲੋਕ ਵਿਚ) ਸੋਭਾ ਖੱਟਦਾ ਹੈ ॥੪॥

46135	1075	ਅਨਿਕ ਕਰਮ ਕੀਏ ਬਹੁਤੇਰੇ॥		Anik Karam Keeeae Bahuthaerae ||	You can do anything, but whatever you do,	(ਨਾਮ-ਸਿਮਰਨ ਤੋਂ ਬਿਨਾ ਤੀਰਥ-ਇਸ਼ਨਾਨ ਆਦਿਕ ਭਾਵੇਂ) ਅਨੇਕਾਂ ਬਥੇਰੇ (ਮਿਥੇ ਹੋਏ ਧਾਰਮਿਕ) ਕਰਮ ਕੀਤੇ ਜਾਣ,
46136	1075	ਜੋ ਕੀਜੈ ਸੋ ਬੰਧਨੁ ਪੈਰੇ॥		Jo Keejai So Bandhhan Pairae ||	Only serves to tie your feet.	ਜਿਹੜਾ ਭੀ ਅਜਿਹਾ ਕਰਮ ਕੀਤਾ ਜਾਂਦਾ ਹੈ, ਉਹ ਇਸ ਜੀਵਨ-ਸਫ਼ਰ ਵਿਚ ਮਨੁੱਖ ਦੇ ਪੈਰਾਂ ਵਿਚ ਫਾਹੀ ਬਣਦਾ ਹੈ।
46137	1075	ਕੁਰੁਤਾ ਬੀਜੁ ਬੀਜੇ ਨਹੀ ਜੰਮੈ ਸਭੁ ਲਾਹਾ ਮੂਲੁ ਗਵਾਇਦਾ॥੫॥	ਕੁ-ਰੁੱਤਾ	Kuruthaa Beej Beejae Nehee Janmai Sabh Laahaa Mool Gavaaeidhaa ||5||	The seed which is planted out of season does not sprout, and all one's capital and profits are lost. ||5||	(ਮਨੁੱਖ ਦੇ ਆਤਮਕ ਜੀਵਨ ਵਾਸਤੇ ਹਰਿ-ਨਾਮ ਦੇ ਸਿਮਰਨ ਦੀ ਲੋੜ ਹੈ। ਹੋਰ ਹੋਰ ਕਰਮ ਇਉਂ ਹੀ ਵਿਅਰਥ ਹਨ, ਜਿਵੇਂ,) ਬੇ-ਬਹਾਰਾ ਬੀਜਿਆ ਹੋਇਆ ਬੀਜ ਉੱਗਦਾ ਨਹੀਂ। ਮਨੁੱਖ ਖੱਟੀ ਭੀ ਗਵਾਂਦਾ ਹੈ ਤੇ ਰਾਸ-ਪੂੰਜੀ ਭੀ ਗਵਾਂਦਾ ਹੈ ॥੫॥
46138	1075	ਕਲਜੁਗ ਮਹਿ ਕੀਰਤਨੁ ਪਰਧਾਨਾ॥		Kalajug Mehi Keerathan Paradhhaanaa ||	In this Dark Age of Kali Yuga, the Kirtan of the Lord's Praises are most sublime and exalted.	(ਜੁਗਾਂ ਦੀ ਵੰਡ ਕਰਨ ਵਾਲਿਆਂ ਅਨੁਸਾਰ ਭੀ) ਕਲਜੁਗ ਵਿਚ ਕੀਰਤਨ ਹੀ ਪਰਧਾਨ ਕਰਮ ਹੈ।
46139	1075	ਗੁਰਮੁਖਿ ਜਪੀਐ ਲਾਇ ਧਿਆਨਾ॥		Guramukh Japeeai Laae Dhhiaanaa ||	Become Gurmukh, chant and focus your meditation.	(ਉਂਞ ਤਾਂ ਸਦਾ ਹੀ) ਗੁਰੂ ਦੀ ਸਰਨ ਪੈ ਕੇ ਸੁਰਤ ਜੋੜ ਕੇ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ।

46140	1076	ਆਪਿ ਤਰੈ ਸਗਲੇ ਕੁਲ ਤਾਰੇ ਹਰਿ ਦਰਗਹ ਪਤਿ ਸਿਉ ਜਾਇਦਾ॥੬॥	ਪਤਿ: ਪੋਲਾ ਬੋਲੋ	Aap Tharai Sagalae Kul Thaarae Har Dharageh Path Sio Jaaeidhaa ||6||	You shall save yourself, and save all your generations as well. You shall go to the Court of the Lord with honor. ||6||	(ਜਿਹੜਾ ਮਨੁੱਖ ਜਪਦਾ ਹੈ) ਉਹ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ, ਆਪਣੀਆਂ ਸਾਰੀਆਂ ਕੁਲਾਂ ਨੂੰ ਪਾਰ ਲੰਘਾ ਲੈਂਦਾ ਹੈ, ਅਤੇ ਪਰਮਾਤਮਾ ਦੀ ਹਜ਼ੂਰੀ ਵਿਚ ਇੱਜ਼ਤ ਨਾਲ ਜਾਂਦਾ ਹੈ ॥੬॥
46141	1076	ਖੰਡ ਪਤਾਲ ਦੀਪ ਸਭਿ ਲੋਆ॥		Khandd Pathaal Dheep Sabh Loaa ||	All the continents, nether worlds, islands and worlds	ਇਹ ਜਿਤਨੇ ਭੀ ਖੰਡ ਮੰਡਲ ਪਾਤਾਲ ਤੇ ਦੀਪ ਹਨ,
46142	1076	ਸਭਿ ਕਾਲੈ ਵਸਿ ਆਪਿ ਪ੍ਰਭਿ ਕੀਆ॥		Sabh Kaalai Vas Aap Prabh Keeaa ||	God Himself has made them all subject to death.	ਇਹ ਸਾਰੇ ਪਰਮਾਤਮਾ ਨੇ ਆਪ ਹੀ ਕਾਲ ਦੇ ਅਧੀਨ ਰੱਖੇ ਹੋਏ ਹਨ।
46143	1076	ਨਿਹਚਲੁ ਏਕੁ ਆਪਿ ਅਬਿਨਾਸੀ ਸੋ ਨਿਹਚਲੁ ਜੋ ਤਿਸਹਿ ਧਿਆਇਦਾ॥੭॥		Nihachal Eaek Aap Abinaasee So Nihachal Jo Thisehi Dhhiaaeidhaa ||7||	The One Imperishable Lord Himself is unmoving and unchanging. Meditating on Him, one becomes unchanging. ||7||	ਨਾਸ-ਰਹਿਤ ਪ੍ਰਭੂ ਆਪ ਹੀ ਸਦਾ ਕਾਇਮ ਰਹਿਣ ਵਾਲਾ ਹੈ, ਜਿਹੜਾ ਮਨੁੱਖ ਪਰਮਾਤਮਾ ਦਾ ਸਿਮਰਨ ਕਰਦਾ ਹੈ ਉਹ ਭੀ ਅਟੱਲ ਜੀਵਨ ਵਾਲਾ ਹੋ ਜਾਂਦਾ ਹੈ (ਜਨਮ ਮਰਨ ਦੇ ਗੇੜ ਤੋਂ ਬਚ ਜਾਂਦਾ ਹੈ) ॥੭॥
46144	1076	ਹਰਿ ਕਾ ਸੇਵਕੁ ਸੋ ਹਰਿ ਜੇਹਾ॥		Har Kaa Saevak So Har Jaehaa ||	The Lord's servant becomes like the Lord.	ਪਰਮਾਤਮਾ ਦੀ ਭਗਤੀ ਕਰਨ ਵਾਲਾ ਮਨੁੱਖ ਪਰਮਾਤਮਾ ਵਰਗਾ ਹੀ ਹੋ ਜਾਂਦਾ ਹੈ।

46145	1076	ਭੇਦੁ ਨ ਜਾਣਹੁ ਮਾਣਸ ਦੇਹਾ॥		Bhaedh N Jaanahu Maanas Dhaehaa ||	Do not think that, because of his human body, he is different.	ਉਸ ਦਾ ਮਨੁੱਖਾ ਸਰੀਰ (ਵੇਖ ਕੇ ਪਰਮਾਤਮਾ ਨਾਲੋਂ ਉਸ ਦਾ) ਫ਼ਰਕ ਨਾਹ ਸਮਝੋ।
46146	1076	ਜਿਉ ਜਲ ਤਰੰਗ ਉਠਹਿ ਬਹੁ ਭਾਤੀ ਫਿਰਿ ਸਲਲੈ ਸਲਲ ਸਮਾਇਦਾ॥੮॥		Jio Jal Tharang Outhehi Bahu Bhaathee Fir Salalai Salal Samaaeidhaa ||8||	The waves of the water rise up in various ways, and then the water merges again in water. ||8||	(ਸਿਮਰਨ ਕਰਨ ਵਾਲਾ ਮਨੁੱਖ ਇਉਂ ਹੀ ਹੈ) ਜਿਵੇਂ ਕਈ ਕਿਸਮਾਂ ਦੀਆਂ ਪਾਣੀ ਦੀਆਂ ਲਹਰਾਂ ਉੱਠਦੀਆਂ ਹਨ, ਮੁੜ ਪਾਣੀ ਵਿਚ ਪਾਣੀ ਰਲ ਜਾਂਦਾ ਹੈ ॥੮॥
46147	1076	ਇਕੁ ਜਾਚਿਕੁ ਮੰਗੈ ਦਾਨੁ ਦੁਆਰੈ॥		Eik Jaachik Mangai Dhaan Dhuaarai ||	A beggar begs for charity at His Door.	(ਪ੍ਰਭੂ ਦਾ ਦਾਸ) ਇਕ ਮੰਗਤਾ (ਬਣ ਕੇ ਉਸ ਦੇ) ਦਰ ਤੇ (ਖੜਾ ਉਸ ਦੇ ਦਰਸਨ ਦਾ) ਖ਼ੈਰ ਮੰਗਦਾ ਹੈ।
46148	1076	ਜਾ ਪ੍ਰਭ ਭਾਵੈ ਤਾ ਕਿਰਪਾ ਧਾਰੈ॥		Jaa Prabh Bhaavai Thaa Kirapaa Dhhaarai ||	When God pleases, He takes pity on him.	ਜਦੋਂ ਪ੍ਰਭੂ ਦੀ ਰਜ਼ਾ ਹੁੰਦੀ ਹੈ ਤਦੋਂ ਉਹ ਕਿਰਪਾ ਕਰਦਾ ਹੈ।
46149	1076	ਦੇਹੁ ਦਰਸੁ ਜਿਤੁ ਮਨੁ ਤ੍ਰਿਪਤਾਸੈ ਹਰਿ ਕੀਰਤਨਿ ਮਨੁ ਠਹਰਾਇਦਾ॥੯॥		Dhaehu Dharas Jith Man Thripathaasai Har Keerathan Man Theharaaeidhaa ||9||	Please bless me with the Blessed Vision of Your Darshan, to satisfy my mind, O Lord. Through the Kirtan of Your Praises, my mind is held steady. ||9||	(ਮੰਗਤਾ ਇਉਂ ਮੰਗੀ ਜਾਂਦਾ ਹੈ- ਹੇ ਪ੍ਰਭੂ!) ਆਪਣਾ ਦਰਸ਼ਨ ਦੇਹ, ਜਿਸ ਦੀ ਬਰਕਤਿ ਨਾਲ ਮਨ (ਮਾਇਆ ਵਲੋਂ) ਰੱਜ ਜਾਂਦਾ ਹੈ ਤੇ ਸਿਫ਼ਤ-ਸਾਲਾਹ ਵਿਚ ਟਿਕ ਜਾਂਦਾ ਹੈ ॥੯॥

46150	1076	ਰੂੜੋ ਠਾਕੁਰੁ ਕਿਤੈ ਵਸਿ ਨ ਆਵੈ॥	ਰੂੜੋ।ਵੱਸਿ	Roorro Thaakur Kithai Vas N Aavai ||	The Beauteous Lord and Master is not controlled in any way.	ਸੋਹਣਾ ਪ੍ਰਭੂ ਕਿਸੇ ਤਰੀਕੇ ਨਾਲ ਵੱਸ ਵਿਚ ਨਹੀਂ ਆਉਂਦਾ,
46151	1076	ਹਰਿ ਸੋ ਕਿਛੁ ਕਰੇ ਜਿ ਹਰਿ ਕਿਆ ਸੰਤਾ ਭਾਵੈ॥		Har So Kishh Karae J Har Kiaa Santhaa Bhaavai ||	The Lord does that which pleases the Saints of the Lord.	ਪਰ ਜੋ ਕੁਝ ਉਸ ਦੇ ਸੰਤ ਚਾਹੁੰਦੇ ਹਨ ਉਹ ਕੁਝ ਕਰ ਦੇਂਦਾ ਹੈ।
46152	1076	ਕੀਤਾ ਲੋੜਨਿ ਸੋਈ ਕਰਾਇਨਿ ਦਰਿ ਫੇਰੁ ਨ ਕੋਈ ਪਾਇਦਾ॥੧੦॥		Keethaa Lorran Soee Karaaein Dhar Faer N Koee Paaeidhaa ||10||	He does whatever they wish to be done; nothing blocks their way at His Door. ||10||	(ਪ੍ਰਭੂ ਦੇ ਸੰਤ ਜਨ ਜੋ ਕੁਝ) ਕਰਨਾ ਚਾਹੁੰਦੇ ਹਨ ਉਹੀ ਕੁਝ ਪ੍ਰਭੂ ਪਾਸੋਂ ਕਰਾ ਲੈਂਦੇ ਹਨ। ਪ੍ਰਭੂ ਦੇ ਦਰ ਤੇ ਉਹਨਾਂ ਦੇ ਰਸਤੇ ਵਿਚ ਕੋਈ ਰੁਕਾਵਟ ਨਹੀਂ ਪਾ ਸਕਦਾ ॥੧੦॥
46153	1076	ਜਿਥੈ ਅਉਘਟੁ ਆਇ ਬਨਤੁ ਹੈ ਪ੍ਰਾਣੀ॥	ਅਉਘਟੁ: ਪੋਲਾ ਬੋਲੋ	Jithhai Aoughatt Aae Banath Hai Praanee ||	Wherever the mortal is confronted with difficulty,	ਹੇ ਪ੍ਰਾਣੀ! (ਜੀਵਨ-ਸਫ਼ਰ ਵਿਚ) ਜਿਥੇ ਭੀ ਕੋਈ ਔਖਿਆਈ ਆ ਬਣਦੀ ਹੈ,
46154	1076	ਤਿਥੈ ਹਰਿ ਧਿਆਈਐ ਸਾਰਿੰਗਪਾਣੀ॥		Thithhai Har Dhhiaaeeai Saaringapaanee ||	There he should meditate on the Lord of the Universe.	ਉੱਥੇ ਹੀ ਧਨੁਖ-ਧਾਰੀ ਪ੍ਰਭੂ ਦਾ ਨਾਮ ਸਿਮਰਨਾ ਚਾਹੀਦਾ ਹੈ।

46155	1076	ਜਿਥੈ ਪੁਤ੍ਰੁ ਕਲਤ੍ਰੁ ਨ ਬੇਲੀ ਕੋਈ ਤਿਥੈ ਹਰਿ ਆਪਿ ਛਡਾਇਦਾ॥੧੧॥	ਕ-ਲੱਤ੍ਰੁ	Jithhai Puthra Kalathra N Baelee Koee Thithhai Har Aap Shhaddaaeidhaa ||11||	Where there are no children, spouse or friends, there the Lord Himself comes to the rescue. ||11||	ਜਿੱਥੇ ਨਾਹ ਪੁੱਤਰ ਨਾਹ ਇਸਤ੍ਰੀ ਕੋਈ ਭੀ ਸਾਥੀ ਨਹੀਂ ਬਣ ਸਕਦਾ, ਉਥੇ ਪ੍ਰਭੂ ਆਪ (ਔਖਿਆਈ ਤੋਂ) ਛੁਡਾ ਲੈਂਦਾ ਹੈ ॥੧੧॥
46156	1076	ਵਡਾ ਸਾਹਿਬੁ ਅਗਮ ਅਥਾਹਾ॥		Vaddaa Saahib Agam Athhaahaa ||	The Great Lord and Master is inaccessible and unfathomable.	ਪਰਮਾਤਮਾ ਅਪਹੁੰਚ ਹੈ, ਅਥਾਹ ਹੈ, ਵੱਡਾ ਮਾਲਕ ਹੈ।
46157	1076	ਕਿਉ ਮਿਲੀਐ ਪ੍ਰਭ ਵੇਪਰਵਾਹਾ॥		Kio Mileeai Prabh Vaeparavaahaa ||	How can anyone meet with God, the self-suficient One?	ਉਸ ਬੇ-ਮੁਥਾਜ ਨੂੰ ਜੀਵ ਆਪਣੇ ਉੱਦਮ ਨਾਲ ਨਹੀਂ ਮਿਲ ਸਕਦਾ।
46158	1076	ਕਾਟਿ ਸਿਲਕ ਜਿਸੁ ਮਾਰਗਿ ਪਾਏ ਸੋ ਵਿਚਿ ਸੰਗਤਿ ਵਾਸਾ ਪਾਇਦਾ॥੧੨॥		Kaatt Silak Jis Maarag Paaeae So Vich Sangath Vaasaa Paaeidhaa ||12||	Those who have had the noose cut away from around their necks, whom God has set back upon the Path, obtain a place in the Sangat, the Congregation. ||12||	ਉਹ ਪ੍ਰਭੂ ਆਪ ਹੀ ਜਿਸ ਮਨੁੱਖ ਨੂੰ (ਮਾਇਆ ਦੇ ਮੋਹ ਦੀ) ਫਾਹੀ ਕੱਟ ਕੇ ਸਹੀ ਜੀਵਨ-ਰਾਹ ਤੇ ਪਾਂਦਾ ਹੈ, ਉਹ ਮਨੁੱਖ ਸਾਧ ਸੰਗਤ ਵਿਚ ਆ ਟਿਕਦਾ ਹੈ ॥੧੨॥
46159	1076	ਹੁਕਮੁ ਬੂਝੈ ਸੋ ਸੇਵਕੁ ਕਹੀਐ॥		Hukam Boojhai So Saevak Keheeai ||	One who realizes the Hukam of the Lord's Command is said to be His servant.	ਉਹ ਮਨੁੱਖ ਪਰਮਾਤਮਾ ਦਾ ਭਗਤ ਆਖਿਆ ਜਾਂਦਾ ਹੈ, ਜਿਹੜਾ (ਹਰੇਕ ਹੋ ਰਹੀ ਕਾਰ ਨੂੰ ਪਰਮਾਤਮਾ ਦੀ) ਸਮਝਦਾ ਹੈ,

46160	1076	ਬੁਰਾ ਭਲਾ ਦੁਇ ਸਮਸਰਿ ਸਹੀਐ॥		Buraa Bhalaa Dhue Samasar Seheeai ||	He endures both bad and good equally.	(ਤੇ, ਇਹ ਨਿਸ਼ਚਾ ਰੱਖਦਾ ਹੈ ਕਿ) ਦੁਖ (ਆਵੇ ਚਾਹੇ) ਸੁਖ, ਦੋਹਾਂ ਨੂੰ ਇਕੋ ਜਿਹਾ ਸਹਾਰਨਾ ਚਾਹੀਦਾ ਹੈ।
46161	1076	ਹਉਮੈ ਜਾਇ ਤ ਏਕੋ ਬੂਝੈ ਸੋ ਗੁਰਮੁਖਿ ਸਹਜਿ ਸਮਾਇਦਾ॥੧੩॥		Houmai Jaae Th Eaeko Boojhai So Guramukh Sehaj Samaaeidhaa ||13||	When egotism is silenced, then one comes to know the One Lord. Such a Gurmukh intuitively merges in the Lord. ||13||	ਪਰ ਮਨੁੱਖ ਤਦੋਂ ਹੀ ਸਿਰਫ਼ ਪਰਮਾਤਮਾ ਨੂੰ ਹੀ ਸਭ ਕੁਝ ਕਰਨ ਕਰਾਣ ਵਾਲਾ ਸਮਝਦਾ ਹੈ ਜਦੋਂ ਉਸ ਦੇ ਅੰਦਰੋਂ ਹਉਮੈ ਦੂਰ ਹੁੰਦੀ ਹੈ। ਉਹ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ॥੧੩॥
46162	1076	ਹਰਿ ਕੇ ਭਗਤ ਸਦਾ ਸੁਖਵਾਸੀ॥		Har Kae Bhagath Sadhaa Sukhavaasee ||	The devotees of the Lord dwell forever in peace.	ਪਰਮਾਤਮਾ ਦੇ ਭਗਤ ਸਦਾ ਆਤਮਕ ਆਨੰਦ ਮਾਣਦੇ ਹਨ।
46163	1076	ਬਾਲ ਸੁਭਾਇ ਅਤੀਤ ਉਦਾਸੀ॥		Baal Subhaae Atheeth Oudhaasee ||	With a child-like, innocent nature, they remain detached, turning away from the world.	ਉਹ ਸਦਾ ਵੈਰ-ਵਿਰੋਧ ਤੋਂ ਪਰੇ ਰਹਿੰਦੇ ਹਨ, ਵਿਰਕਤ ਅਤੇ ਮਾਇਆ ਦੇ ਮੋਹ ਤੋਂ ਉਤਾਂਹ ਰਹਿੰਦੇ ਹਨ।
46164	1076	ਅਨਿਕ ਰੰਗ ਕਰਹਿ ਬਹੁ ਭਾਤੀ ਜਿਉ ਪਿਤਾ ਪੂਤੁ ਲਾਡਾਇਦਾ॥੧੪॥	ਭਾਂਤੀ	Anik Rang Karehi Bahu Bhaathee Jio Pithaa Pooth Laaddaaeidhaa ||14||	They enjoy various pleasures in many ways; God caresses them, like a father caressing his son. ||14||	ਜਿਵੇਂ ਪਿਉ ਆਪਣੇ ਪੁੱਤਰ ਨੂੰ ਕਈ ਲਾਡ ਲਡਾਂਦਾ ਹੈ, (ਤਿਵੇਂ ਭਗਤ ਪ੍ਰਭੂ-ਪਿਤਾ ਦੀ ਗੋਦ ਵਿਚ ਰਹਿ ਕੇ) ਕਈ ਤਰ੍ਹਾਂ ਦੇ ਅਨੇਕਾਂ ਆਤਮਕ ਰੰਗ ਮਾਣਦੇ ਹਨ ॥੧੪॥

46165	1076	ਅਗਮ ਅਗੋਚਰੁ ਕੀਮਤਿ ਨਹੀ ਪਾਈ॥		Agam Agochar Keemath Nehee Paaee ||	He is inaccessible and unfathomable; His value cannot be estimated.	ਪਰਮਾਤਮਾ ਅਪਹੁੰਚ ਹੈ, ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ। ਉਹ ਕਿਸੇ ਭੀ ਦੁਨੀਆਵੀ ਪਦਾਰਥ ਦੇ ਵੱਟੇ ਨਹੀਂ ਮਿਲ ਸਕਦਾ।
46166	1076	ਤਾ ਮਿਲੀਐ ਜਾ ਲਏ ਮਿਲਾਈ॥		Thaa Mileeai Jaa Leae Milaaee ||	We meet Him, only when He causes us to meet.	ਉਸ ਨੂੰ ਤਦੋਂ ਹੀ ਮਿਲ ਸਕੀਦਾ ਹੈ, ਜਦੋਂ ਉਹ ਆਪ ਹੀ ਮਿਲਾਂਦਾ ਹੈ।
46167	1076	ਗੁਰਮੁਖਿ ਪ੍ਰਗਟੁ ਭਇਆ ਤਿਨ ਜਨ ਕਉ ਜਿਨ ਧੁਰਿ ਮਸਤਕਿ ਲੇਖੁ ਲਿਖਾਇਦਾ॥੧੫॥		Guramukh Pragatt Bhaeiaa Thin Jan Ko Jin Dhhur Masathak Laekh Likhaaeidhaa ||15||	The Lord is revealed to those humble Gurmukhs, who have such pre-ordained destiny inscribed upon their foreheads. ||15||	ਗੁਰੂ ਦੀ ਰਾਹੀਂ ਉਹਨਾਂ ਮਨੁੱਖਾਂ ਦੇ ਹਿਰਦੇ ਵਿਚ ਪਰਗਟ ਹੁੰਦਾ ਹੈ ਜਿਨ੍ਹਾਂ ਦੇ ਮੱਥੇ ਉਤੇ (ਪੂਰਬਲੇ ਸੰਸਕਾਰਾਂ ਅਨੁਸਾਰ) ਧੁਰੋਂ ਹੀ ਮਿਲਾਪ ਦਾ ਲੇਖ ਲਿਖਿਆ ਹੁੰਦਾ ਹੈ ॥੧੫॥
46168	1076	ਤੂ ਆਪੇ ਕਰਤਾ ਕਾਰਣ ਕਰਣਾ॥		Thoo Aapae Karathaa Kaaran Karanaa ||	You Yourself are the Creator Lord, the Cause of causes.	ਹੇ ਪ੍ਰਭੂ! ਤੂੰ ਆਪ ਹੀ ਪੈਦਾ ਕਰਨ ਵਾਲਾ ਹੈਂ, ਤੂੰ ਆਪ ਹੀ ਜਗਤ ਦਾ ਮੂਲ ਹੈਂ।
46169	1076	ਸ੍ਰਿਸਟਿ ਉਪਾਇ ਧਰੀ ਸਭ ਧਰਣਾ॥		Srisatt Oupaae Dhharee Sabh Dhharanaa ||	You created the Universe, and You support the whole earth.	ਤੂੰ ਆਪ ਹੀ ਸ੍ਰਿਸ਼ਟੀ ਪੈਦਾ ਕਰ ਕੇ ਸਾਰੀ ਧਰਤੀ ਨੂੰ ਸਹਾਰਾ ਦਿੱਤਾ ਹੋਇਆ ਹੈ।

46170	1076	ਜਨ ਨਾਨਕੁ ਸਰਣਿ ਪਇਆ ਹਰਿ ਦੁਆਰੈ ਹਰਿ ਭਾਵੈ ਲਾਜ ਰਖਾਇਦਾ॥੧੬॥੧॥ ੫॥		Jan Naanak Saran Paeiaa Har Dhuaarai Har Bhaavai Laaj Rakhaaeidhaa ||16||1||5||	Servant Nanak seeks the Sanctuary of Your Door, O Lord; if it is Your Will, please preserve his honor. ||16||1||5||	ਦਾਸ ਨਾਨਕ ਉਸੇ ਪ੍ਰਭੂ ਦੇ ਦਰ ਤੇ (ਡਿੱਗਾ ਹੋਇਆ ਹੈ, ਉਸੇ ਦੀ) ਸਰਨ ਪਿਆ ਹੋਇਆ ਹੈ। ਉਸ ਦੀ ਆਪਣੀ ਰਜ਼ਾ ਹੁੰਦੀ ਹੈ ਤਾਂ (ਲੋਕ ਪਰਲੋਕ ਵਿਚ ਜੀਵ ਦੀ) ਇੱਜ਼ਤ ਰੱਖ ਲੈਂਦਾ ਹੈ ॥੧੬॥੧॥੫॥
46171	1076	ਮਾਰੂ ਸੋਲਹੇ ਮਹਲਾ ੫		Maaroo Solehae Mehalaa 5	Maaroo, Solahas, Fifth Mehl:	ਰਾਗ ਮਾਰੂ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਸੋਹਲੇ' (੧੬ ਬੰਦਾਂ ਵਾਲੀ ਬਾਣੀ)।
46172	1076	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
46173	1076	ਜੋ ਦੀਸੈ ਸੋ ਏਕੋ ਤੂਹੈ॥		Jo Dheesai So Eaeko Thoohai ||	Whatever is seen is You, O One Lord.	ਹੇ ਪ੍ਰਭੂ! (ਜਗਤ ਵਿਚ) ਜੋ ਕੁਝ ਦਿੱਸ ਰਿਹਾ ਹੈ, ਇਹ ਸਭ ਕੁਝ ਸਿਰਫ਼ ਤੂੰ ਹੀ ਤੂੰ ਹੈਂ।
46174	1076	ਬਾਣੀ ਤੇਰੀ ਸ੍ਰਵਣਿ ਸੁਣੀਐ॥		Baanee Thaeree Sravan Suneeai ||	What the ears hear is the Word of Your Bani.	(ਸਭ ਜੀਵਾਂ ਵਿਚ ਤੂੰ ਹੀ ਬੋਲ ਰਿਹਾ ਹੈਂ) ਤੇਰਾ ਹੀ ਬੋਲ ਕੰਨੀਂ ਸੁਣਿਆ ਜਾ ਰਿਹਾ ਹੈ।
46175	1076	ਦੂਜੀ ਅਵਰ ਨ ਜਾਪਸਿ ਕਾਈ ਸਗਲ ਤੁਮਾਰੀ ਧਾਰਣਾ॥੧॥		Dhoojee Avar N Jaapas Kaaee Sagal Thumaaree Dhhaaranaa ||1||	There is nothing else to be seen at all. You give support to all. ||1||	ਸਾਰੀ ਸ੍ਰਿਸ਼ਟੀ ਤੇਰੀ ਹੀ ਰਚੀ ਹੋਈ ਹੈ, ਕੋਈ ਭੀ ਸ਼ੈ ਤੈਥੋਂ ਵੱਖਰੀ ਨਹੀਂ ਦਿੱਸ ਰਹੀ ॥੧॥

46176	1076	ਆਪਿ ਚਿਤਾਰੇ ਅਪਣਾ ਕੀਆ॥		Aap Chithaarae Apanaa Keeaa ||	You Yourself are conscious of Your Creation.	ਆਪਣੇ ਪੈਦਾ ਕੀਤੇ ਜਗਤ ਦੀ ਪ੍ਰਭੂ ਆਪ ਹੀ ਸੰਭਾਲ ਕਰ ਰਿਹਾ ਹੈ,
46177	1076	ਆਪੇ ਆਪਿ ਆਪਿ ਪ੍ਰਭੁ ਥੀਆ॥		Aapae Aap Aap Prabh Thheeaa ||	You Yourself established Yourself, O God.	ਹਰ ਥਾਂ ਪ੍ਰਭੂ ਆਪ ਹੀ ਆਪ ਹੈ।
46178	1076	ਆਪਿ ਉਪਾਇ ਰਚਿਓਨੁ ਪਸਾਰਾ ਆਪੇ ਘਟਿ ਘਟਿ ਸਾਰਣਾ॥੨॥		Aap Oupaae Rachioun Pasaaraa Aapae Ghatt Ghatt Saaranaa ||2||	Creating Yourself, You formed the expanse of the Universe; You Yourself cherish and sustain each and every heart. ||2||	ਪ੍ਰਭੂ ਨੇ ਆਪ ਹੀ ਆਪਣੇ ਆਪ ਤੋਂ ਪੈਦਾ ਕਰ ਕੇ ਇਹ ਜਗਤ-ਪਸਾਰਾ ਰਚਿਆ ਹੈ। ਹਰੇਕ ਸਰੀਰ ਵਿਚ ਆਪ ਹੀ (ਵਿਆਪਕ ਹੋ ਕੇ ਸਭ ਦੀ) ਸਾਰ ਲੈਂਦਾ ਹੈ ॥੨॥
46179	1076	ਇਕਿ ਉਪਾਏ ਵਡ ਦਰਵਾਰੀ॥		Eik Oupaaeae Vadd Dharavaaree ||	You created some to hold great and royal courts.	ਹੇ ਪ੍ਰਭੂ! ਤੂੰ ਕਈ ਵੱਡੇ ਦਰਬਾਰਾਂ ਵਾਲੇ ਪੈਦਾ ਕੀਤੇ ਹਨ,
46180	1076	ਇਕਿ ਉਦਾਸੀ ਇਕਿ ਘਰ ਬਾਰੀ॥		Eik Oudhaasee Eik Ghar Baaree ||	Some turn away from the world in renunciation, and some maintain their households.	ਕਈ ਤਿਆਗੀ ਤੇ ਕਈ ਗ੍ਰਿਹਸਤੀ ਬਣਾ ਦਿੱਤੇ ਹਨ।
46181	1077	ਇਕਿ ਭੂਖੇ ਇਕਿ ਤ੍ਰਿਪਤਿ ਅਘਾਏ ਸਭਸੈ ਤੇਰਾ ਪਾਰਣਾ॥੩॥		Eik Bhookhae Eik Thripath Aghaaeae Sabhasai Thaeraa Paaranaa ||3||	Some are hungry and some are satisfied and satiated, but all lean on Your Support. ||3||	ਤੂੰ ਕਈ ਤਾਂ ਅਜਿਹੇ ਪੈਦਾ ਕੀਤੇ ਹਨ ਜੋ ਸਦਾ ਤ੍ਰਿਸ਼ਨਾ ਦੇ ਅਧੀਨ ਰਹਿੰਦੇ ਹਨ, ਤੇ ਕਈ ਪੂਰਨ ਤੌਰ ਤੇ ਰੱਜੇ ਹੋਏ ਹਨ। ਹਰੇਕ ਜੀਵ ਨੂੰ ਤੇਰਾ ਹੀ ਸਹਾਰਾ ਹੈ ॥੩॥

46182	1077	ਆਪੇ ਸਤਿ ਸਤਿ ਸਤਿ ਸਾਚਾ॥		Aapae Sath Sath Sath Saachaa ||	The True Lord Himself is True, True, True.	ਪਰਮਾਤਮਾ ਸਿਰਫ਼ ਆਪ ਹੀ ਸਦਾ ਕਾਇਮ ਰਹਿਣ ਵਾਲਾ ਹੈ।
46183	1077	ਓਤਿ ਪੋਤਿ ਭਗਤਨ ਸੰਗਿ ਰਾਚਾ॥		Outh Poth Bhagathan Sang Raachaa ||	He is woven into the essence of His devotees, through and through.	ਤਾਣੇ ਪੇਟੇ ਵਾਂਗ ਆਪਣੇ ਭਗਤਾਂ ਨਾਲ ਰਚਿਆ-ਮਿਚਿਆ ਰਹਿੰਦਾ ਹੈ।
46184	1077	ਆਪੇ ਗੁਪਤੁ ਆਪੇ ਹੈ ਪਰਗਟੁ ਅਪਨਾ ਆਪੁ ਪਸਾਰਣਾ॥੪॥		Aapae Gupath Aapae Hai Paragatt Apanaa Aap Pasaaranaa ||4||	He Himself is hidden, and He Himself is revealed. He Himself spreads Himself out. ||4||	(ਜੀਵਾਤਮਾ ਦੇ ਰੂਪ ਵਿਚ ਹਰੇਕ ਜੀਵ ਦੇ ਅੰਦਰ) ਆਪ ਹੀ ਲੁਕਿਆ ਹੋਇਆ ਹੈ, ਇਹ ਦਿੱਸਦਾ ਪਸਾਰਾ ਭੀ ਉਹ ਆਪ ਹੀ ਹੈ। (ਜਗਤ-ਰੂਪ ਵਿਚ) ਉਸ ਨੇ ਆਪਣੇ ਆਪ ਨੂੰ ਆਪ ਹੀ ਖਿਲਾਰਿਆ ਹੋਇਆ ਹੈ ॥੪॥
46185	1077	ਸਦਾ ਸਦਾ ਸਦ ਹੋਵਣਹਾਰਾ॥		Sadhaa Sadhaa Sadh Hovanehaaraa ||	Forever, forever and ever, He shall always exist.	ਪਰਮਾਤਮਾ ਸਦਾ ਹੀ ਸਦਾ ਹੀ ਜੀਊਂਦਾ ਰਹਿਣ ਵਾਲਾ ਹੈ,
46186	1077	ਊਚਾ ਅਗਮੁ ਅਥਾਹੁ ਅਪਾਰਾ॥		Oochaa Agam Athhaahu Apaaraa ||	He is lofty, inaccessible, unfathomable and infinite.	(ਆਤਮਕ ਅਵਸਥਾ ਵਿਚ) ਉਹ ਬਹੁਤ ਉੱਚਾ ਹੈ, ਅਪਹੁੰਚ ਹੈ, ਅਥਾਹ ਹੈ, ਬੇਅੰਤ ਹੈ।
46187	1077	ਊਣੇ ਭਰੇ ਭਰੇ ਭਰਿ ਊਣੇ ਏਹਿ ਚਲਤ ਸੁਆਮੀ ਕੇ ਕਾਰਣਾ॥੫॥		Oonae Bharae Bharae Bhar Oonae Eaehi Chalath Suaamee Kae Kaaranaa ||5||	He fills the empty, and empties out the filled; such are the plays and dramas of my Lord and Master. ||5||	ਉਸ ਮਾਲਕ-ਪ੍ਰਭੂ ਦੇ ਇਹ ਕੌਤਕ ਤਮਾਸ਼ੇ ਹਨ ਕਿ ਸੱਖਣੇ (ਭਾਂਡੇ) ਭਰ ਦੇਂਦਾ ਹੈ, ਭਰਿਆਂ ਨੂੰ ਖ਼ਾਲੀ ਕਰ ਦੇਂਦਾ ਹੈ ॥੫॥

46188	1077	ਮੁਖਿ ਸਾਲਾਹੀ ਸਚੇ ਸਾਹਾ॥		Mukh Saalaahee Sachae Saahaa ||	With my mouth, I praise my True Lord King.	ਹੇ ਸਦਾ ਕਾਇਮ ਰਹਿਣ ਵਾਲੇ ਪਾਤਿਸ਼ਾਹ! (ਮਿਹਰ ਕਰ) ਮੈਂ ਮੂੰਹੋਂ ਤੇਰੀ ਸਿਫ਼ਤ-ਕਰਦਾ ਰਹਾਂ।
46189	1077	ਨੈਣੀ ਪੇਖਾ ਅਗਮ ਅਥਾਹਾ॥		Nainee Paekhaa Agam Athhaahaa ||	With my eyes, I behold the inaccessible and unfathomable Lord.	ਹੇ ਅਪਹੁੰਚ ਤੇ ਅਥਾਹ ਪ੍ਰਭੂ! (ਕਿਰਪਾ ਕਰ, ਹਰ ਥਾਂ) ਮੈਂ (ਤੈਨੂੰ) ਅੱਖਾਂ ਨਾਲ ਵੇਖਾਂ।
46190	1077	ਕਰਨੀ ਸੁਣਿ ਸੁਣਿ ਮਨੁ ਤਨੁ ਹਰਿਆ ਮੇਰੇ ਸਾਹਿਬ ਸਗਲ ਉਧਾਰਣਾ॥੬॥		Karanee Sun Sun Man Than Hariaa Maerae Saahib Sagal Oudhhaaranaa ||6||	Listening, listening with my ears, my mind and body are rejuvenated; my Lord and Master saves all. ||6||	ਕੰਨਾਂ ਨਾਲ ਤੇਰੀ ਸਿਫ਼ਤ-ਸਾਲਾਹ ਸੁਣ ਸੁਣ ਕੇ ਮੇਰਾ ਮਨ ਮੇਰਾ ਤਨ (ਆਤਮਕ ਜੀਵਨ ਨਾਲ) ਹਰਿਆ-ਭਰਿਆ ਹੋਇਆ ਰਹੇ। ਹੇ ਮੇਰੇ ਮਾਲਕ! ਤੂੰ ਸਭਨਾਂ ਜੀਵਾਂ ਦਾ ਬੇੜਾ ਪਾਰ ਕਰਨ ਵਾਲਾ ਹੈਂ ॥੬॥
46191	1077	ਕਰਿ ਕਰਿ ਵੇਖਹਿ ਕੀਤਾ ਅਪਣਾ॥		Kar Kar Vaekhehi Keethaa Apanaa ||	He created the creation, and gazes upon what He has created.	ਹੇ ਪ੍ਰਭੂ! ਤੂੰ ਸਭ ਜੀਵਾਂ ਨੂੰ ਪੈਦਾ ਕਰ ਕਰ ਕੇ ਆਪਣੇ ਪੈਦਾ ਕੀਤਿਆਂ ਦੀ ਸੰਭਾਲ ਕਰਦਾ ਹੈਂ।
46192	1077	ਜੀਅ ਜੰਤ ਸੋਈ ਹੈ ਜਪਣਾ॥		Jeea Janth Soee Hai Japanaa ||	All beings and creatures meditate on Him.	ਸਾਰੇ ਜੀਅ ਜੰਤ ਉਸੇ ਸਿਰਜਣਹਾਰ ਨੂੰ ਜਪਦੇ ਹਨ।
46193	1077	ਅਪਣੀ ਕੁਦਰਤਿ ਆਪੇ ਜਾਣੈ ਨਦਰੀ ਨਦਰਿ ਨਿਹਾਲਣਾ॥੭॥		Apanee Kudharath Aapae Jaanai Nadharee Nadhar Nihaalanaa ||7||	He Himself knows His creative power; He blesses with His Glance of Grace. ||7||	ਆਪਣੀ ਕੁਦਰਤ (ਪੈਦਾ ਕਰਨ ਦੀ ਤਾਕਤ) ਨੂੰ ਆਪ ਹੀ ਜਾਣਦਾ ਹੈ। ਮਿਹਰ ਦਾ ਮਾਲਕ ਪ੍ਰਭੂ ਮਿਹਰ ਦੀ ਨਿਗਾਹ ਨਾਲ ਸਭ ਵਲ ਤੱਕਦਾ ਹੈ ॥੭॥

46194	1077	ਸੰਤ ਸਭਾ ਜਹ ਬੈਸਹਿ ਪ੍ਰਭ ਪਾਸੇ॥	ਸਭਾ: ਪੋਲਾ ਬੋਲੋ	Santh Sabhaa Jeh Baisehi Prabh Paasae ||	Where the Saints gather together and sit, God dwells close at hand.	ਜਿਸ ਸਾਧ ਸੰਗਤ ਵਿਚ (ਸੰਤ ਜਨ) ਪ੍ਰਭੂ ਦੇ ਚਰਨਾਂ ਵਿਚ ਬੈਠਦੇ ਹਨ,
46195	1077	ਅਨੰਦ ਮੰਗਲ ਹਰਿ ਚਲਤ ਤਮਾਸੇ॥		Anandh Mangal Har Chalath Thamaasae ||	They abide in bliss and joy, beholding the Lord's wondrous play.	ਪ੍ਰਭੂ ਦੇ ਕੌਤਕ ਤਮਾਸ਼ਿਆਂ ਦਾ ਜ਼ਿਕਰ ਕਰ ਕੇ ਆਤਮਕ ਆਨੰਦ ਖ਼ੁਸ਼ੀਆਂ ਮਾਣਦੇ ਹਨ,
46196	1077	ਗੁਣ ਗਾਵਹਿ ਅਨਹਦ ਧੁਨਿ ਬਾਣੀ ਤਹ ਨਾਨਕ ਦਾਸੁ ਚਿਤਾਰਣਾ॥੮॥		Gun Gaavehi Anehadh Dhhun Baanee Theh Naanak Dhaas Chithaaranaa ||8||	They sing the Glories of the Lord, and the unstruck sound current of His Bani; O Nanak, His slaves remain conscious of Him. ||8||	ਅਤੇ ਇਕ-ਰਸ ਸੁਰ ਵਿਚ ਬਾਣੀ ਦੀ ਰਾਹੀਂ ਪ੍ਰਭੂ ਦੇ ਗੁਣ ਗਾਂਦੇ ਹਨ, (ਜੇ ਪ੍ਰਭੂ ਦੀ ਮਿਹਰ ਹੋਵੇ ਤਾਂ) ਉਸ ਸਾਧ ਸੰਗਤ ਵਿਚ ਦਾਸ ਨਾਨਕ ਭੀ ਉਸ ਦੇ ਗੁਣ ਆਪਣੇ ਹਿਰਦੇ ਵਿਚ ਵਸਾਏ ॥੮॥
46197	1077	ਆਵਣੁ ਜਾਣਾ ਸਭੁ ਚਲਤੁ ਤੁਮਾਰਾ॥		Aavan Jaanaa Sabh Chalath Thumaaraa ||	Coming and going is all Your wondrous play.	ਹੇ ਪ੍ਰਭੂ! (ਜੀਵਾਂ ਦਾ) ਜੰਮਣਾ ਤੇ ਮਰਨਾ-ਇਹ ਸਾਰਾ ਤੇਰਾ (ਰਚਿਆ) ਖੇਲ ਹੈ।
46198	1077	ਕਰਿ ਕਰਿ ਦੇਖੈ ਖੇਲੁ ਅਪਾਰਾ॥		Kar Kar Dhaekhai Khael Apaaraa ||	Creating the Creation, You gaze upon Your infinite play.	ਬੇਅੰਤ ਪ੍ਰਭੂ ਇਹ ਖੇਲ ਕਰ ਕਰ ਕੇ ਵੇਖ ਰਿਹਾ ਹੈ।

46199	1077	ਆਪਿ ਉਪਾਏ ਉਪਾਵਣਹਾਰਾ ਅਪਣਾ ਕੀਆ ਪਾਲਣਾ॥੯॥		Aap Oupaaeae Oupaavanehaaraa Apanaa Keeaa Paalanaa ||9||	Creating the Creation, You Yourself cherish and nurture it. ||9||	ਪੈਦਾ ਕਰਨ ਦੀ ਸਮਰਥਾ ਵਾਲਾ ਪ੍ਰਭੂ ਆਪ (ਜੀਵਾਂ ਨੂੰ) ਪੈਦਾ ਕਰਦਾ ਹੈ। ਆਪਣੇ ਪੈਦਾ ਕੀਤੇ (ਜੀਵਾਂ) ਨੂੰ (ਆਪ ਹੀ) ਪਾਲਦਾ ਹੈ ॥੯॥
46200	1077	ਸੁਣਿ ਸੁਣਿ ਜੀਵਾ ਸੋਇ ਤੁਮਾਰੀ॥		Sun Sun Jeevaa Soe Thumaaree ||	Listening, listening to Your Glory, I live.	ਹੇ ਪ੍ਰਭੂ! ਤੇਰੀ ਸੋਭਾ ਸੁਣ ਸੁਣ ਕੇ ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ,
46201	1077	ਸਦਾ ਸਦਾ ਜਾਈ ਬਲਿਹਾਰੀ॥		Sadhaa Sadhaa Jaaee Balihaaree ||	Forever and ever, I am a sacrifice to You.	ਮੈਂ ਤੈਥੋਂ ਸਦਾ ਹੀ ਸਦਕੇ ਜਾਂਦਾ ਹਾਂ।
46202	1077	ਦੁਇ ਕਰ ਜੋੜਿ ਸਿਮਰਉ ਦਿਨੁ ਰਾਤੀ ਮੇਰੇ ਸੁਆਮੀ ਅਗਮ ਅਪਾਰਣਾ॥੧੦॥		Dhue Kar Jorr Simaro Dhin Raathee Maerae Suaamee Agam Apaaranaa ||10||	With my palms pressed together, I meditate in remembrance on You, day and night, O my inaccessible, infinite Lord and Master. ||10||	ਹੇ ਮੇਰੇ ਅਪਹੁੰਚ ਤੇ ਬੇਅੰਤ ਮਾਲਕ! (ਜਦੋਂ ਤੇਰੀ ਮਿਹਰ ਹੁੰਦੀ ਹੈ) ਮੈਂ ਦੋਵੇਂ ਹੱਥ ਜੋੜ ਕੇ ਦਿਨ ਰਾਤ ਤੈਨੂੰ ਸਿਮਰਦਾ ਹਾਂ ॥੧੦॥
46203	1077	ਤੁਧੁ ਬਿਨੁ ਦੂਜੇ ਕਿਸੁ ਸਾਲਾਹੀ॥		Thudhh Bin Dhoojae Kis Saalaahee ||	Other than You, who else should I praise?	ਹੇ ਪ੍ਰਭੂ! ਤੈਨੂੰ ਛੱਡ ਕੇ ਮੈਂ ਕਿਸੇ ਹੋਰ ਦੀ ਸਿਫ਼ਤ-ਸਾਲਾਹ ਨਹੀਂ ਕਰ ਸਕਦਾ।
46204	1077	ਏਕੋ ਏਕੁ ਜਪੀ ਮਨ ਮਾਹੀ॥	ਬੂੱਝਿ	Eaeko Eaek Japee Man Maahee ||	I meditate on the One and Only Lord within my mind.	ਮੈਂ ਆਪਣੇ ਮਨ ਵਿਚ ਸਿਰਫ਼ ਇਕ ਤੈਨੂੰ ਹੀ ਜਪਦਾ ਹਾਂ।

46205	1077	ਹੁਕਮੁ ਬੂਝਿ ਜਨ ਭਏ ਨਿਹਾਲਾ ਇਹ ਭਗਤਾ ਕੀ ਘਾਲਣਾ॥੧੧॥		Hukam Boojh Jan Bheae Nihaalaa Eih Bhagathaa Kee Ghaalanaa ||11||	Realizing the Hukam of Your Will, Your humble servants are enraptured; this is the achievement of Your devotees. ||11||	ਤੇਰੇ ਸੇਵਕ ਤੇਰੀ ਰਜ਼ਾ ਨੂੰ ਸਮਝ ਕੇ ਸਦਾ ਖਿੜੇ-ਮੱਥੇ ਰਹਿੰਦੇ ਹਨ-ਇਹ ਹੈ ਤੇਰਿਆਂ ਭਗਤਾਂ ਦੀ ਘਾਲ ਕਮਾਈ ॥੧੧॥
46206	1077	ਗੁਰ ਉਪਦੇਸਿ ਜਪੀਐ ਮਨਿ ਸਾਚਾ॥		Gur Oupadhaes Japeeai Man Saachaa ||	Following the Guru's Teachings, I meditate on the True Lord within my mind.	ਗੁਰੂ ਦੇ ਉਪਦੇਸ਼ ਦੀ ਰਾਹੀਂ ਮਨ ਵਿਚ ਸਦਾ-ਥਿਰ ਪ੍ਰਭੂ ਦਾ ਨਾਮ ਜਪਣਾ ਚਾਹੀਦਾ ਹੈ।
46207	1077	ਗੁਰ ਉਪਦੇਸਿ ਰਾਮ ਰੰਗਿ ਰਾਚਾ॥		Gur Oupadhaes Raam Rang Raachaa ||	Following the Guru's Teachings, I am immersed in the Lord's Love.	ਗੁਰੂ ਦੇ ਉਪਦੇਸ਼ ਉਤੇ ਤੁਰ ਕੇ ਮਨ ਪ੍ਰਭੂ ਦੇ ਪ੍ਰੇਮ-ਰੰਗ ਵਿਚ ਮਿਚਿਆ ਰਹਿੰਦਾ ਹੈ।
46208	1077	ਗੁਰ ਉਪਦੇਸਿ ਤੁਟਹਿ ਸਭਿ ਬੰਧਨ ਇਹੁ ਭਰਮੁ ਮੋਹੁ ਪਰਜਾਲਣਾ॥੧੨॥	ਤੁੱਟ-ਹਿ।ਪਰ-ਜਾਲਣਾ	Gur Oupadhaes Thuttehi Sabh Bandhhan Eihu Bharam Mohu Parajaalanaa ||12||	Following the Guru's Teachings, all bonds are broken, and this doubt and emotional attachment are burnt away. ||12||	ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ (ਮਨੁੱਖ ਦੇ ਅੰਦਰੋਂ ਮਾਇਆ ਦੇ ਮੋਹ ਦੇ) ਸਾਰੇ ਬੰਧਨ ਟੁੱਟ ਜਾਂਦੇ ਹਨ। ਮਨੁੱਖ ਦੀ ਇਹ ਭਟਕਣਾ, ਮਨੁੱਖ ਦਾ ਇਹ ਮੋਹ ਚੰਗੀ ਤਰ੍ਹਾਂ ਸੜ ਜਾਂਦਾ ਹੈ ॥੧੨॥
46209	1077	ਜਹ ਰਾਖੈ ਸੋਈ ਸੁਖ ਥਾਨਾ॥		Jeh Raakhai Soee Sukh Thhaanaa ||	Wherever He keeps me, is my place of rest.	('ਐਸਾ ਕੋ ਵਡਭਾਗੀ ਆਇਆ ਜਿਹੜਾ ਇਹ ਨਿਸ਼ਚਾ ਰੱਖਦਾ ਹੈ ਕਿ) ਜਿੱਥੇ (ਪਰਮਾਤਮਾ ਸਾਨੂੰ) (ਸਾਡੇ ਵਾਸਤੇ) ਸੁਖ ਦੇਣ ਵਾਲਾ ਥਾਂ ਹੈ,

46210	1077	ਸਹਜੇ ਹੋਇ ਸੋਈ ਭਲ ਮਾਨਾ॥		Sehajae Hoe Soee Bhal Maanaa ||	Whatever naturally happens, I accept that as good.	(ਜਿਹੜਾ ਮਨੁੱਖ) ਜੋ ਕੁਝ ਰਜ਼ਾ ਵਿਚ ਹੋ ਰਿਹਾ ਹੈ ਉਸ ਨੂੰ ਭਲਾਈ ਵਾਸਤੇ ਹੋ ਰਿਹਾ ਮੰਨਦਾ ਹੈ,
46211	1077	ਬਿਨਸੇ ਬੈਰ ਨਾਹੀ ਕੋ ਬੈਰੀ ਸਭੁ ਏਕੋ ਹੈ ਭਾਲਣਾ॥੧੩॥		Binasae Bair Naahee Ko Bairee Sabh Eaeko Hai Bhaalanaa ||13||	Hatred is gone - I have no hatred at all; I see the One Lord in all. ||13||	(ਜਿਸ ਮਨੁੱਖ ਦੇ ਅੰਦਰੋਂ) ਸਾਰੇ ਵੈਰ-ਵਿਰੋਧ ਮਿਟ ਜਾਂਦੇ ਹਨ, (ਜਿਸ ਨੂੰ ਜਗਤ ਵਿਚ) ਕੋਈ ਵੈਰੀ ਨਹੀਂ ਦਿੱਸਦਾ, (ਜਿਹੜਾ) ਹਰ ਥਾਂ ਸਿਰਫ਼ ਪਰਮਾਤਮਾ ਨੂੰ ਹੀ ਵੇਖਦਾ ਹੈ ॥੧੩॥
46212	1077	ਡਰ ਚੂਕੇ ਬਿਨਸੇ ਅੰਧਿਆਰੇ॥		Ddar Chookae Binasae Andhhiaarae ||	Fear has been removed, and darkness has been dispelled.	('ਐਸਾ ਕੋ ਵਡਭਾਗੀ ਆਇਆ', ਜਿਸ ਦੇ ਅੰਦਰੋਂ) ਸਾਰੇ ਡਰ ਮੁੱਕ ਜਾਂਦੇ ਹਨ, ਆਤਮਕ ਜੀਵਨ ਦੇ ਰਸਤੇ ਦੇ ਸਾਰੇ ਹਨੇਰੇ ਦੂਰ ਹੋ ਜਾਂਦੇ ਹਨ,
46213	1077	ਪ੍ਰਗਟ ਭਏ ਪ੍ਰਭ ਪੁਰਖ ਨਿਰਾਰੇ॥		Pragatt Bheae Prabh Purakh Niraarae ||	The all-powerful, primal, detached Lord God has been revealed.	(ਜਿਸ ਦੇ ਅੰਦਰ) ਨਿਰਲੇਪ ਪ੍ਰਭੂ ਪਰਗਟ ਹੋ ਜਾਂਦਾ ਹੈ,
46214	1077	ਆਪੁ ਛੋਡਿ ਪਏ ਸਰਣਾਈ ਜਿਸ ਕਾ ਸਾ ਤਿਸੁ ਘਾਲਣਾ॥੧੪॥		Aap Shhodd Peae Saranaaee Jis Kaa Saa This Ghaalanaa ||14||	Forsaking self-conceit, I have entered His Sanctuary, and I work for Him. ||14||	(ਜਿਹੜਾ ਮਨੁੱਖ) ਆਪਾ-ਭਾਵ ਦੂਰ ਕਰ ਕੇ ਪਰਮਾਤਮਾ ਦੀ ਸਰਨੀਂ ਪੈਂਦਾ ਹੈ, ਜਿਸ ਪ੍ਰਭੂ ਦਾ ਪੈਦਾ ਕੀਤਾ ਹੋਇਆ ਹੈ ਉਸੇ (ਦੇ ਸਿਮਰਨ) ਦੀ ਘਾਲ-ਕਮਾਈ ਕਰਦਾ ਹੈ ॥੧੪॥

46215	1077	ਐਸਾ ਕੋ ਵਡਭਾਗੀ ਆਇਆ॥		Aisaa Ko Vaddabhaagee Aaeiaa ||	Rare are those few, very blessed people, who come into the world,	ਕੋਈ ਵਿਰਲਾ ਹੀ ਅਜਿਹਾ ਭਾਗਾਂ ਵਾਲਾ ਮਨੁੱਖ ਜੰਮਦਾ ਹੈ,
46216	1077	ਆਠ ਪਹਰ ਜਿਨਿ ਖਸਮੁ ਧਿਆਇਆ॥		Aath Pehar Jin Khasam Dhhiaaeiaa ||	And meditate on their Lord and Master, twenty-four hours a day.	ਜਿਹੜਾ ਅੱਠੇ ਪਹਰ ਮਾਲਕ-ਪ੍ਰਭੂ ਦਾ ਨਾਮ ਯਾਦ ਕਰਦਾ ਹੈ।
46217	1077	ਤਿਸੁ ਜਨ ਕੈ ਸੰਗਿ ਤਰੈ ਸਭੁ ਕੋਈ ਸੋ ਪਰਵਾਰ ਸਧਾਰਣਾ॥੧੫॥		This Jan Kai Sang Tharai Sabh Koee So Paravaar Sadhhaaranaa ||15||	Associating with such humble people, all are saved, and their families are saved as well. ||15||	ਉਸ ਮਨੁੱਖ ਦੀ ਸੰਗਤ ਵਿਚ (ਰਹਿ ਕੇ) ਹਰੇਕ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ, ਉਹ ਮਨੁੱਖ ਆਪਣੇ ਪਰਵਾਰ ਵਾਸਤੇ ਸਹਾਰਾ ਬਣ ਜਾਂਦਾ ਹੈ ॥੧੫॥
46218	1077	ਇਹ ਬਖਸੀਸ ਖਸਮ ਤੇ ਪਾਵਾ॥		Eih Bakhasees Khasam Thae Paavaa ||	This is the blessing which I have received from my Lord and Master.	(ਜੇ ਮੇਰੇ ਮਾਲਕ ਦੀ ਮੇਰੇ ਉਤੇ ਮਿਹਰ ਹੋਵੇ ਤਾਂ) ਮੈਂ ਉਸ ਮਾਲਕ ਪਾਸੋਂ ਇਹ ਦਾਤ ਹਾਸਿਲ ਕਰਾਂ
46219	1077	ਆਠ ਪਹਰ ਕਰ ਜੋੜਿ ਧਿਆਵਾ॥		Aath Pehar Kar Jorr Dhhiaavaa ||	Twenty-four hours a day, with my palms pressed together, I meditate on Him.	ਕਿ ਅੱਠੇ ਪਹਰ ਦੋਵੇਂ ਹੱਥ ਜੋੜ ਕੇ ਉਸ ਦਾ ਨਾਮ ਸਿਮਰਦਾ ਰਹਾਂ,

46220	1077	ਨਾਮੁ ਜਪੀ ਨਾਮਿ ਸਹਜਿ ਸਮਾਵਾ ਨਾਮੁ ਨਾਨਕ ਮਿਲੈ ਉਚਾਰਣਾ॥੧੬॥੧॥੬॥		Naam Japee Naam Sehaj Samaavaa Naam Naanak Milai Ouchaaranaa ||16||1||6||	I chant the Naam, and through the Naam, I intuitively merge into the Lord; O Nanak, may I be blessed with the Naam, and ever repeat it. ||16||1||6||	ਹੇ ਨਾਨਕ! (ਆਖ-) ਉਸ ਦਾ ਨਾਮ ਜਪਦਾ ਰਹਾਂ, ਉਸ ਦੇ ਨਾਮ ਵਿਚ ਆਤਮਕ ਅਡੋਲਤਾ ਵਿਚ ਲੀਨ ਰਹਾਂ, ਮੈਨੂੰ ਉਸ ਦਾ ਨਾਮ ਜਪਣ ਦੀ ਦਾਤ ਮਿਲੀ ਰਹੇ ॥੧੬॥੧॥੬॥
46221	1077	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
46222	1077	ਸੂਰਤਿ ਦੇਖਿ ਨ ਭੂਲੁ ਗਵਾਰਾ॥		Soorath Dhaekh N Bhool Gavaaraa ||	Do not be fooled by appearances, you fool.	ਹੇ ਮੂਰਖ! (ਜਗਤ ਦੇ ਪਦਾਰਥਾਂ ਦੀ) ਸ਼ਕਲ ਵੇਖ ਕੇ ਗ਼ਲਤੀ ਨਾਹ ਖਾਹ।
46223	1077	ਮਿਥਨ ਮੋਹਾਰਾ ਝੂਠੁ ਪਸਾਰਾ॥		Mithhan Mohaaraa Jhooth Pasaaraa ||	This is a false attachment to the expanse of an illusion.	ਇਹ ਸਾਰਾ ਝੂਠੇ ਮੋਹ ਦਾ ਝੂਠਾ ਖਿਲਾਰਾ ਹੈ।
46224	1077	ਜਗ ਮਹਿ ਕੋਈ ਰਹਣੁ ਨ ਪਾਏ ਨਿਹਚਲੁ ਏਕੁ ਨਾਰਾਇਣਾ॥੧॥		Jag Mehi Koee Rehan N Paaeae Nihachal Eaek Naaraaeinaa ||1||	No one can remain in this world; only the One Lord is permanent and unchanging. ||1||	ਜਗਤ ਵਿਚ ਕੋਈ ਭੀ ਸਦਾ ਲਈ ਟਿਕਿਆ ਨਹੀਂ ਰਹਿ ਸਕਦਾ, ਸਿਰਫ਼ ਇਕ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ ॥੧॥
46225	1077	ਗੁਰ ਪੂਰੇ ਕੀ ਪਉ ਸਰਣਾਈ॥		Gur Poorae Kee Po Saranaaee ||	Seek the Sanctuary of the Perfect Guru.	ਪੂਰੇ ਗੁਰੂ ਦੀ ਸਰਨ ਪਿਆ ਰਹੁ।

46226	1077	ਮੋਹੁ ਸੋਗੁ ਸਭੁ ਭਰਮੁ ਮਿਟਾਈ॥		Mohu Sog Sabh Bharam Mittaaee ||	He shall eradicate all emotional attachment, sorrow and doubt.	ਗੁਰੂ (ਸਰਨ ਪਏ ਮਨੁੱਖ ਦਾ) ਮੋਹ ਸੋਗ ਤੇ ਸਾਰਾ ਭਰਮ ਮਿਟਾ ਦੇਂਦਾ ਹੈ।
46227	1077	ਏਕੋ ਮੰਤ੍ਰੁ ਦ੍ਰਿੜਾਏ ਅਉਖਧੁ ਸਚੁ ਨਾਮੁ ਰਿਦ ਗਾਇਣਾ॥੨॥		Eaeko Manthra Dhrirraaeae Aoukhadhh Sach Naam Ridh Gaaeinaa ||2||	He shall administer the medicine, the Mantra of the One Name. Sing the True Name within your heart. ||2||	ਗੁਰੂ ਇਕੋ ਉਪਦੇਸ਼ ਹਿਰਦੇ ਵਿਚ ਕਰਦਾ ਹੈ ਇਕੋ ਦਵਾਈ ਦੇਂਦਾ ਹੈ ਕਿ ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ ਸਿਮਰਨਾ ਚਾਹੀਦਾ ਹੈ ॥੨॥
46228	1078	ਜਿਸੁ ਨਾਮੈ ਕਉ ਤਰਸਹਿ ਬਹੁ ਦੇਵਾ॥	ਤਰਸ–ਹਿ	Jis Naamai Ko Tharasehi Bahu Dhaevaa ||	So many gods yearn for the Naam, the Name of the Lord.	ਜਿਸ ਪਰਮਾਤਮਾ ਦੇ ਨਾਮ ਨੂੰ ਅਨੇਕਾਂ ਦੇਵਤੇ ਤਰਸਦੇ ਹਨ,
46229	1078	ਸਗਲ ਭਗਤ ਜਾ ਕੀ ਕਰਦੇ ਸੇਵਾ॥		Sagal Bhagath Jaa Kee Karadhae Saevaa ||	All the devotees serve Him.	ਸਾਰੇ ਹੀ ਭਗਤ ਜਿਸ ਪ੍ਰਭੂ ਦੀ ਸੇਵਾ-ਭਗਤੀ ਕਰਦੇ ਹਨ,
46230	1078	ਅਨਾਥਾ ਨਾਥੁ ਦੀਨ ਦੁਖ ਭੰਜਨੁ ਸੋ ਗੁਰ ਪੂਰੇ ਤੇ ਪਾਇਣਾ॥੩॥		Anaathhaa Naathh Dheen Dhukh Bhanjan So Gur Poorae Thae Paaeinaa ||3||	He is the Master of the masterless, the Destroyer of the pains of the poor. His Name is obtained from the Perfect Guru. ||3||	ਜਿਹੜਾ ਪਰਮਾਤਮਾ ਨਿਖਸਮਿਆਂ ਦਾ ਖਸਮ ਹੈ, ਜਿਹੜਾ ਪਰਮਾਤਮਾ ਗ਼ਰੀਬਾਂ ਦੇ ਦੁੱਖ ਨਾਸ ਕਰਨ ਵਾਲਾ ਹੈ, ਉਹ ਪਰਮਾਤਮਾ ਪੂਰੇ ਗੁਰੂ ਪਾਸੋਂ ਮਿਲਦਾ ਹੈ ॥੩॥
46231	1078	ਹੋਰੁ ਦੁਆਰਾ ਕੋਇ ਨ ਸੂਝੈ॥		Hor Dhuaaraa Koe N Soojhai ||	I cannot conceive of any other door.	ਹੋਰ ਕੋਈ ਦਰ (ਐਸਾ) ਨਹੀਂ ਸੁੱਝਦਾ (ਜਿਥੋਂ ਨਾਮ-ਰਤਨ ਮਿਲ ਸਕੇ)।

46232	1078	ਤ੍ਰਿਭਵਣ ਧਾਵੈ ਤਾ ਕਿਛੂ ਨ ਬੂਝੈ॥		Thribhavan Dhhaavai Thaa Kishhoo N Boojhai ||	One who wanders through the three worlds, understands nothing.	ਜੇ ਮਨੁੱਖ ਤਿੰਨਾਂ ਭਵਨਾਂ ਵਿਚ ਦੌੜ-ਭੱਜ ਕਰਦਾ ਫਿਰੇ ਤਾਂ ਭੀ ਉਸ ਨੂੰ ਨਾਮ-ਰਤਨ ਦੀ ਕੋਈ ਸਮਝ ਨਹੀਂ ਪੈ ਸਕਦੀ।
46233	1078	ਸਤਿਗੁਰੁ ਸਾਹੁ ਭੰਡਾਰੁ ਨਾਮ ਜਿਸੁ ਇਹੁ ਰਤਨੁ ਤਿਸੈ ਤੇ ਪਾਇਣਾ॥੪॥		Sathigur Saahu Bhanddaar Naam Jis Eihu Rathan Thisai Thae Paaeinaa ||4||	The True Guru is the banker, with the treasure of the Naam. This jewel is obtained from Him. ||4||	ਇਕ ਗੁਰੂ ਹੀ ਐਸਾ ਸ਼ਾਹ ਹੈ ਜਿਸ ਦੇ ਪਾਸ ਨਾਮ ਦਾ ਖ਼ਜ਼ਾਨਾ ਹੈ। ਉਸ ਗੁਰੂ ਪਾਸੋਂ ਨਾਮ-ਰਤਨ ਮਿਲ ਸਕਦਾ ਹੈ ॥੪॥
46234	1078	ਜਾ ਕੀ ਧੂਰਿ ਕਰੇ ਪੁਨੀਤਾ॥		Jaa Kee Dhhoor Karae Puneethaa ||	The dust of His feet purifies.	ਜਿਸ (ਪ੍ਰਭੂ) ਦੀ ਚਰਨ-ਧੂੜ ਪਵਿੱਤਰ ਕਰ ਦੇਂਦੀ ਹੈ,
46235	1078	ਸੁਰਿ ਨਰ ਦੇਵ ਨ ਪਾਵਹਿ ਮੀਤਾ॥		Sur Nar Dhaev N Paavehi Meethaa ||	Even the angelic beings and gods cannot obtain it, O friend.	ਹੇ ਮਿੱਤਰ! ਉਸ ਨੂੰ ਦੇਵਤੇ ਮਨੁੱਖ ਪ੍ਰਾਪਤ ਨਹੀਂ ਕਰ ਸਕਦੇ।
46236	1078	ਸਤਿ ਪੁਰਖੁ ਸਤਿਗੁਰੁ ਪਰਮੇਸਰੁ ਜਿਸੁ ਭੇਟਤ ਪਾਰਿ ਪਰਾਇਣਾ॥੫॥		Sath Purakh Sathigur Paramaesar Jis Bhaettath Paar Paraaeinaa ||5||	The True Guru is the True Primal Being, the Transcendent Lord God; meeting with Him, one is carried across to the other side. ||5||	ਸਿਰਫ਼ ਹਰੀ-ਰੂਪ ਗੁਰੂ ਪੁਰਖ ਹੀ ਹੈ ਜਿਸ ਨੂੰ ਮਿਲਿਆਂ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕੀਦਾ ਹੈ ॥੫॥
46237	1078	ਪਾਰਜਾਤੁ ਲੋੜਹਿ ਮਨ ਪਿਆਰੇ॥		Paarajaath Lorrehi Man Piaarae ||	O my beloved mind, if you wish for the 'tree of life';	ਹੇ ਪਿਆਰੇ ਮਨ! ਜੇ ਤੂੰ (ਸੁਰਗ ਦਾ) ਪਾਰਜਾਤ (ਰੁੱਖ) ਹਾਸਲ ਕਰਨਾ ਚਾਹੁੰਦਾ ਹੈਂ,

46238	1078	ਕਾਮਧੇਨੁ ਸੋਹੀ ਦਰਬਾਰੇ॥		Kaamadhhaen Sohee Dharabaarae ||	If you wish for Kaamadhayna, the wish-fulfilling cow to adorn your court;	ਜੇ ਤੂੰ ਚਾਹੁੰਦਾ ਹੈਂ ਕਿ ਕਾਮਧੇਨ ਤੇਰੇ ਬੂਹੇ ਉਤੇ ਸੋਭ ਰਹੀ ਹੋਵੇ,
46239	1078	ਤ੍ਰਿਪਤਿ ਸੰਤੋਖੁ ਸੇਵਾ ਗੁਰ ਪੂਰੇ ਨਾਮੁ ਕਮਾਇ ਰਸਾਇਣਾ॥੬॥		Thripath Santhokh Saevaa Gur Poorae Naam Kamaae Rasaaeinaa ||6||	If you wish to be satisfied and contented, then serve the Perfect Guru, and practice the Naam, the source of nectar. ||6||	ਤਾਂ ਪੂਰੇ ਗੁਰੂ ਦੀ ਸਰਨ ਪਿਆ ਰਹੁ, ਗੁਰੂ ਪਾਸੋਂ ਪੂਰਨ ਸੰਤੋਖ ਪ੍ਰਾਪਤ ਕਰ, (ਗੁਰੂ ਦੇ ਰਾਹੇ ਤੁਰ ਕੇ) ਨਾਮ-ਸਿਮਰਨ ਦੀ ਕਮਾਈ ਕਰ, ਹਰਿ-ਨਾਮ ਹੀ ਸਾਰੇ ਰਸਾਂ ਦਾ ਸੋਮਾ ਹੈ ॥੬॥
46240	1078	ਗੁਰ ਕੈ ਸਬਦਿ ਮਰਹਿ ਪੰਚ ਧਾਤੂ॥		Gur Kai Sabadh Marehi Panch Dhhaathoo ||	Through the Word of the Guru's Shabad, the five thieves of desire are conquered.	ਹੇ ਪਿਆਰੇ ਮਨ! ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਕਾਮਾਦਿਕ ਪੰਜੇ ਵਿਸ਼ੇ ਮਰ ਜਾਂਦੇ ਹਨ,
46241	1078	ਭੈ ਪਾਰਬ੍ਰਹਮ ਹੋਵਹਿ ਨਿਰਮਲਾ ਤੂ॥		Bhai Paarabreham Hovehi Niramalaa Thoo ||	In the Fear of the Supreme Lord God, you shall become immaculate and pure.	(ਗੁਰੂ ਦੇ ਸ਼ਬਦ ਦੀ ਰਾਹੀਂ) ਪਰਮਾਤਮਾ ਦੇ ਡਰ-ਅਦਬ ਵਿਚ ਰਹਿ ਕੇ ਤੂੰ ਪਵਿੱਤਰ ਹੋ ਜਾਇੰਗਾ।
46242	1078	ਪਾਰਸੁ ਜਬ ਭੇਟੈ ਗੁਰੁ ਪੂਰਾ ਤਾ ਪਾਰਸੁ ਪਰਸਿ ਦਿਖਾਇਣਾ॥੭॥		Paaras Jab Bhaettai Gur Pooraa Thaa Paaras Paras Dhikhaaeinaa ||7||	When one meets the Perfect Guru, the Philosopher's Stone, His touch reveals the Lord, the Philosopher's Stone. ||7||	(ਹੇ ਮਨ! ਗੁਰੂ ਹੀ) ਪਾਰਸ ਹੈ। ਜਦੋਂ ਪੂਰਾ ਗੁਰੂ-ਪਾਰਸ ਮਿਲ ਪੈਂਦਾ ਹੈ, ਤਾਂ ਉਸ ਪਾਰਸ ਨੂੰ ਛੁਹਿਆਂ (ਪਰਮਾਤਮਾ ਹਰ ਥਾਂ) ਦਿੱਸ ਪੈਂਦਾ ਹੈ ॥੭॥

46243	1078	ਕਈ ਬੈਕੁੰਠ ਨਾਹੀ ਲਵੈ ਲਾਗੇ॥		Kee Baikunth Naahee Lavai Laagae ||	Myriads of heavens do not equal the Lord's Name.	ਅਨੇਕਾਂ ਬੈਕੁੰਠ (ਗੁਰੂ ਦੇ ਦਰਸਨ ਦੀ) ਬਰਾਬਰੀ ਨਹੀਂ ਕਰ ਸਕਦੇ।
46244	1078	ਮੁਕਤਿ ਬਪੁੜੀ ਭੀ ਗਿਆਨੀ ਤਿਆਗੇ॥		Mukath Bapurree Bhee Giaanee Thiaagae ||	The spiritually wise forsake mere liberation.	ਜਿਹੜਾ ਮਨੁੱਖ (ਗੁਰੂ ਦੀ ਰਾਹੀਂ) ਪਰਮਾਤਮਾ ਨਾਲ ਸਾਂਝ ਪਾਂਦਾ ਹੈ, ਉਹ ਮੁਕਤੀ ਨੂੰ ਭੀ ਇਕ ਨਿਮਾਣੀ ਜਿਹੀ ਚੀਜ਼ ਸਮਝ ਕੇ (ਇਸ ਦੀ ਲਾਲਸਾ) ਛਡ ਦੇਂਦਾ ਹੈ।
46245	1078	ਏਕੰਕਾਰੁ ਸਤਿਗੁਰ ਤੇ ਪਾਈਐ ਹਉ ਬਲਿ ਬਲਿ ਗੁਰ ਦਰਸਾਇਣਾ॥੮॥		Eaekankaar Sathigur Thae Paaeeai Ho Bal Bal Gur Dharasaaeinaa ||8||	The One Universal Creator Lord is found through the True Guru. I am a sacrifice, a sacrifice to the Blessed Vision of the Guru's Darshan. ||8||	ਗੁਰੂ ਦੀ ਰਾਹੀਂ ਹੀ ਪਰਮਾਤਮਾ ਨਾਲ ਮਿਲਾਪ ਹੁੰਦਾ ਹੈ। ਮੈਂ ਤਾਂ ਗੁਰੂ ਦੇ ਦਰਸਨ ਤੋਂ ਸਦਾ ਸਦਕੇ ਹਾਂ ਸਦਾ ਸਦਕੇ ਹਾਂ ॥੮॥
46246	1078	ਗੁਰ ਕੀ ਸੇਵ ਨ ਜਾਣੈ ਕੋਈ॥		Gur Kee Saev N Jaanai Koee ||	No one knows how to serve the Guru.	ਗੁਰੂ ਦੀ ਸਰਨ (ਪੈਣ ਦਾ ਕੀਹ ਮਹਾਤਮ ਹੈ?-ਇਹ ਭੇਤ ਨਿਰੇ ਦਿਮਾਗ਼ੀ ਤੌਰ ਤੇ) ਕੋਈ ਮਨੁੱਖ ਸਮਝ ਨਹੀਂ ਸਕਦਾ (ਸਰਨ ਪਿਆਂ ਹੀ ਸਮਝ ਪੈਂਦੀ ਹੈ)।
46247	1078	ਗੁਰੁ ਪਾਰਬ੍ਰਹਮੁ ਅਗੋਚਰੁ ਸੋਈ॥		Gur Paarabreham Agochar Soee ||	The Guru is the unfathomable, Supreme Lord God.	ਗੁਰੂ (ਆਤਮਕ ਜੀਵਨ ਵਿਚ) ਉਹੀ ਪਰਮਾਤਮਾ ਹੈ ਜੋ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ।

46248	1078	ਜਿਸ ਨੋ ਲਾਇ ਲਏ ਸੋ ਸੇਵਕੁ ਜਿਸੁ ਵਡਭਾਗ ਮਥਾਇਣਾ॥੯॥		Jis No Laae Leae So Saevak Jis Vaddabhaag Mathhaaeinaa ||9||	He alone is the Guru's servant, whom the Guru Himself links to His service, and upon whose forehead such blessed destiny is inscribed. ||9||	ਜਿਸ ਮਨੁੱਖ ਦੇ ਮੱਥੇ ਦੇ ਭਾਗ ਜਾਗ ਪੈਣ, ਜਿਸ ਨੂੰ (ਪਰਮਾਤਮਾ ਆਪ ਗੁਰੂ ਦੀ ਚਰਨੀਂ) ਲਾਂਦਾ ਹੈ ਉਹ ਗੁਰੂ ਦਾ ਸੇਵਕ ਬਣਦਾ ਹੈ ॥੯॥
46249	1078	ਗੁਰ ਕੀ ਮਹਿਮਾ ਬੇਦ ਨ ਜਾਣਹਿ॥		Gur Kee Mehimaa Baedh N Jaanehi ||	Even the Vedas do not know the Guru's Glory.	ਗੁਰੂ ਦੀ ਉੱਚ-ਆਤਮਕਤਾ ਵੇਦ (ਭੀ) ਨਹੀਂ ਜਾਣਦੇ,
46250	1078	ਤੁਛਮਾਤ ਸੁਨਿ ਸੁਨਿ ਵਖਾਣਹਿ॥	ਤੁੱਛ-ਮਾਤ	Thushh Maath Sun Sun Vakhaanehi ||	They narrate only a tiny bit of what is heard.	ਉਹ (ਹੋਰਨਾਂ ਪਾਸੋਂ) ਸੁਣ ਸੁਣ ਕੇ ਰਤਾ-ਮਾਤ੍ਰ ਹੀ ਬਿਆਨ ਕਰ ਸਕੇ ਹਨ।
46251	1078	ਪਾਰਬ੍ਰਹਮ ਅਪਰੰਪਰ ਸਤਿਗੁਰ ਜਿਸੁ ਸਿਮਰਤ ਮਨੁ ਸੀਤਲਾਇਣਾ ॥੧੦॥	ਅਪ-ਰੰਪਰ	Paarabreham Aparanpar Sathigur Jis Simarath Man Seethalaaeinaa ||10||	The True Guru is the Supreme Lord God, the Incomparable One; meditating in remembrance on Him, the mind is cooled and soothed. ||10||	ਗੁਰੂ (ਉੱਚ-ਆਤਮਕਤਾ ਵਿਚ) ਉਹ ਪਰਮਾਤਮਾ ਹੀ ਹੈ ਜੋ ਪਰੇ ਤੋਂ ਪਰੇ ਹੈ ਅਤੇ ਜਿਸ ਦਾ ਨਾਮ ਸਿਮਰਦਿਆਂ ਮਨ ਸੀਤਲ ਹੋ ਜਾਂਦਾ ਹੈ ॥੧੦॥
46252	1078	ਜਾ ਕੀ ਸੋਇ ਸੁਣੀ ਮਨੁ ਜੀਵੈ॥		Jaa Kee Soe Sunee Man Jeevai ||	Hearing of Him, the mind comes to life.	ਜਿਸ (ਗੁਰੂ) ਦੀ ਸੋਭਾ ਸੁਣ ਕੇ ਮਨ ਆਤਮਕ ਜੀਵਨ ਪ੍ਰਾਪਤ ਕਰਦਾ ਹੈ,

46253	1078	ਰਿਦੈ ਵਸੈ ਤਾ ਠੰਢਾ ਥੀਵੈ॥		Ridhai Vasai Thaa Thandtaa Thheevai ||	When He dwells within the heart, one becomes peaceful and cool.	ਜੇ ਗੁਰੂ (ਮਨੁੱਖ ਦੇ) ਹਿਰਦੇ ਵਿਚ ਆ ਵੱਸੇ, ਤਾਂ ਹਿਰਦਾ ਸ਼ਾਂਤ ਹੋ ਜਾਂਦਾ ਹੈ।
46254	1078	ਗੁਰੁ ਮੁਖਹੁ ਅਲਾਏ ਤਾ ਸੋਭਾ ਪਾਏ ਤਿਸੁ ਜਮ ਕੈ ਪੰਥਿ ਨ ਪਾਇਣਾ॥੧੧॥		Gur Mukhahu Alaaeae Thaa Sobhaa Paaeae This Jam Kai Panthh N Paaeinaa ||11||	Chanting the Guru's Name with the mouth, one obtains glory, and does not have to walk on the Path of Death. ||11||	ਜੇ ਮਨੁੱਖ ਗੁਰੂ ਦੇ ਰਸਤੇ ਉੱਤੇ ਤੁਰ ਕੇ ਹਰਿ-ਨਾਮ ਸਿਮਰੇ, ਤਾਂ ਮਨੁੱਖ (ਲੋਕ ਪਰਲੋਕ ਵਿਚ) ਸੋਭਾ ਖੱਟਦਾ ਹੈ, ਗੁਰੂ ਉਸ ਮਨੁੱਖ ਨੂੰ ਜਮਰਾਜ ਦੇ ਰਸਤੇ ਨਹੀਂ ਪੈਣ ਦੇਂਦਾ ॥੧੧॥
46255	1078	ਸੰਤਨ ਕੀ ਸਰਣਾਈ ਪੜਿਆ॥		Santhan Kee Saranaaee Parriaa ||	I have entered the Sanctuary of the Saints,	ਹੇ ਪ੍ਰਭੂ! ਮੈਂ ਭੀ ਤੇਰੇ ਸੰਤ ਜਨਾਂ ਦੀ ਸਰਨ ਆ ਪਿਆ ਹਾਂ,
46256	1078	ਜੀਉ ਪ੍ਰਾਣ ਧਨੁ ਆਗੈ ਧਰਿਆ॥		Jeeo Praan Dhhan Aagai Dhhariaa ||	And placed before them my soul, my breath of life and wealth.	ਮੈਂ ਆਪਣੀ ਜਿੰਦ ਆਪਣੇ ਪ੍ਰਾਣ ਆਪਣਾ ਧਨ ਸੰਤ ਜਨਾਂ ਦੇ ਅੱਗੇ ਲਿਆ ਰੱਖਿਆ ਹੈ।
46257	1078	ਸੇਵਾ ਸੁਰਤਿ ਨ ਜਾਣਾ ਕਾਈ ਤੁਮ ਕਰਹੁ ਦਇਆ ਕਿਰਮਾਇਣਾ॥੧੨॥		Saevaa Surath N Jaanaa Kaaee Thum Karahu Dhaeiaa Kiramaaeinaa ||12||	I know nothing about service and awareness; please take pity upon this worm. ||12||	ਮੈਂ ਸੇਵਾ-ਭਗਤੀ ਕਰਨ ਦੀ ਕੋਈ ਸੂਝ ਨਹੀਂ ਜਾਣਦਾ। ਮੈਂ ਨਿਮਾਣੇ ਉੱਤੇ ਤੂੰ ਆਪ ਹੀ ਕਿਰਪਾ ਕਰ ॥੧੨॥

46258	1078	ਨਿਰਗੁਣ ਕਉ ਸੰਗਿ ਲੇਹੁ ਰਲਾਏ॥		Niragun Ko Sang Laehu Ralaaeae ||	I am unworthy; please merge me into Yourself.	ਹੇ ਪ੍ਰਭੂ! ਮੈਨੂੰ ਗੁਣ-ਹੀਣ ਨੂੰ ਗੁਰੂ ਦੀ ਸੰਗਤ ਵਿਚ ਰਲਾਈ ਰੱਖ।
46259	1078	ਕਰਿ ਕਿਰਪਾ ਮੋਹਿ ਟਹਲੈ ਲਾਏ॥		Kar Kirapaa Mohi Ttehalai Laaeae ||	Please bless me with Your Grace, and link me to Your service.	ਮੈਨੂੰ ਗੁਰੂ ਦੀ ਸੇਵਾ-ਟਹਲ ਵਿਚ ਜੋੜੀ ਰੱਖ।
46260	1078	ਪਖਾ ਫੇਰਉ ਪੀਸਉ ਸੰਤ ਆਗੈ ਚਰਣ ਧੋਇ ਸੁਖੁ ਪਾਇਣਾ॥੧੩॥		Pakhaa Faero Peeso Santh Aagai Charan Dhhoe Sukh Paaeinaa ||13||	I wave the fan, and grind the corn for the Saints; washing their feet, I find peace. ||13||	ਮੈਂ ਗੁਰੂ ਦੇ ਦਰ ਤੇ ਪੱਖਾ ਝੱਲਦਾ ਰਹਾਂ, (ਚੱਕੀ) ਪੀਂਹਦਾ ਰਹਾਂ, ਤੇ ਗੁਰੂ ਦੇ ਚਰਨ ਧੋ ਕੇ ਆਨੰਦ ਮਾਣਦਾ ਰਹਾਂ ॥੧੩॥
46261	1078	ਬਹੁਤੁ ਦੁਆਰੇ ਭ੍ਰਮਿ ਭ੍ਰਮਿ ਆਇਆ॥		Bahuth Dhuaarae Bhram Bhram Aaeiaa ||	After wandering around at so many doors, I have come to Yours, O Lord.	ਹੇ ਪ੍ਰਭੂ! ਮੈਂ ਦਰਵਾਜ਼ਿਆਂ ਤੇ ਭਟਕ ਭਟਕ ਕੇ ਆਇਆ ਹਾਂ।
46262	1078	ਤੁਮਰੀ ਕ੍ਰਿਪਾ ਤੇ ਤੁਮ ਸਰਣਾਇਆ॥		Thumaree Kirapaa Thae Thum Saranaaeiaa ||	By Your Grace, I have entered Your Sanctuary.	ਤੇਰੀ ਹੀ ਕਿਰਪਾ ਨਾਲ (ਹੁਣ) ਤੇਰੀ ਸਰਨ ਆਇਆ ਹਾਂ।
46263	1078	ਸਦਾ ਸਦਾ ਸੰਤਹ ਸੰਗਿ ਰਾਖਹੁ ਏਹੁ ਨਾਮ ਦਾਨੁ ਦੇਵਾਇਣਾ॥੧੪॥		Sadhaa Sadhaa Santheh Sang Raakhahu Eaehu Naam Dhaan Dhaevaaeinaa ||14||	Forever and ever, keep me in the Company of the Saints; please bless me with this Gift of Your Name. ||14||	ਮੈਨੂੰ ਸਦਾ ਹੀ ਆਪਣੇ ਸੰਤ ਜਨਾਂ ਦੀ ਸੰਗਤ ਵਿਚ ਰੱਖ, ਅਤੇ ਉਹਨਾਂ ਪਾਸੋਂ ਆਪਣੇ ਨਾਮ ਦਾ ਖ਼ੈਰ ਪਵਾ ॥੧੪॥
46264	1078	ਭਏ ਕ੍ਰਿਪਾਲ ਗੁਸਾਈ ਮੇਰੇ॥		Bheae Kirapaal Gusaaee Maerae ||	My World-Lord has become merciful,	ਜਦੋਂ (ਹੁਣ) ਮੇਰਾ ਮਾਲਕ-ਪ੍ਰਭੂ ਦਇਆਵਾਨ ਹੋਇਆ,

46265	1078	ਦਰਸਨੁ ਪਾਇਆ ਸਤਿਗੁਰ ਪੂਰੇ॥		Dharasan Paaeiaa Sathigur Poorae ||	And I have obtained the Blessed Vision of the Darshan of the Perfect True Guru.	ਤਾਂ ਮੈਨੂੰ ਪੂਰੇ ਗੁਰੂ ਦਾ ਦਰਸਨ ਹੋਇਆ।
46266	1078	ਸੂਖ ਸਹਜ ਸਦਾ ਆਨੰਦਾ ਨਾਨਕ ਦਾਸ ਦਸਾਇਣਾ॥੧੫॥੨॥੭॥		Sookh Sehaj Sadhaa Aanandhaa Naanak Dhaas Dhasaaeinaa ||15||2||7||	I have found eternal peace, poise and bliss; Nanak is the slave of Your slaves. ||15||2||7||	ਹੇ ਨਾਨਕ! ਹੁਣ ਮੇਰੇ ਅੰਦਰ ਸਦਾ ਆਤਮਕ ਅਡੋਲਤਾ ਤੇ ਸੁਖ-ਆਨੰਦ ਬਣੇ ਰਹਿੰਦੇ ਹਨ। ਮੈਂ ਉਸ ਦੇ ਦਾਸਾਂ ਦਾ ਦਾਸ ਬਣਿਆ ਰਹਿੰਦਾ ਹਾਂ ॥੧੫॥੨॥੭॥
46267	1078	ਮਾਰੂ ਸੋਲਹੇ ਮਹਲਾ ੫		Maaroo Solehae Mehalaa 5	Maaroo, Solahas, Fifth Mehl:	ਰਾਗ ਮਾਰੂ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਸੋਹਲੇ' (੧੬ ਬੰਦਾਂ ਵਾਲੀ ਬਾਣੀ)।
46268	1078	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
46269	1078	ਸਿਮਰੈ ਧਰਤੀ ਅਰੁ ਆਕਾਸਾ॥		Simarai Dhharathee Ar Aakaasaa ||	The earth and the Akaashic ethers meditate in remembrance.	ਧਰਤੀ ਪਰਮਾਤਮਾ ਦੀ ਰਜ਼ਾ ਵਿਚ ਤੁਰ ਰਹੀ ਹੈ ਆਕਾਸ਼ ਉਸ ਦੀ ਰਜ਼ਾ ਵਿਚ ਹੈ।
46270	1078	ਸਿਮਰਹਿ ਚੰਦ ਸੂਰਜ ਗੁਣਤਾਸਾ॥		Simarehi Chandh Sooraj Gunathaasaa ||	The moon and the sun meditate in remembrance on You, O treasure of virtue.	ਚੰਦ ਅਤੇ ਸੂਰਜ ਉਸ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੀ ਰਜ਼ਾ ਵਿਚ ਤੁਰ ਰਹੇ ਹਨ।

46271	1078	ਪਉਣ ਪਾਣੀ ਬੈਸੰਤਰ ਸਿਮਰਹਿ ਸਿਮਰੈ ਸਗਲ ਉਪਾਰਜਨਾ॥੧॥	ਉਪਾਰ-ਜਨਾ	Poun Paanee Baisanthar Simarehi Simarai Sagal Oupaarajanaa ||1||	Air, water and fire meditate in remembrance. All creation meditates in remembrance. ||1||	ਹਵਾ ਪਾਣੀ ਅੱਗ (ਆਦਿਕ ਤੱਤ) ਪ੍ਰਭੂ ਦੀ ਰਜ਼ਾ ਵਿਚ ਕੰਮ ਕਰ ਰਹੇ ਹਨ। ਸਾਰੀ ਸ੍ਰਿਸ਼ਟੀ ਉਸ ਦੀ ਰਜ਼ਾ ਵਿਚ ਕੰਮ ਕਰ ਰਹੀ ਹੈ ॥੧॥
46272	1079	ਸਿਮਰਹਿ ਖੰਡ ਦੀਪ ਸਭਿ ਲੋਆ॥		Simarehi Khandd Dheep Sabh Loaa ||	All the continents, islands and worlds meditate in remembrance.	ਸਾਰੇ ਖੰਡਾਂ ਦੀਪਾਂ ਮੰਡਲਾਂ (ਦੇ ਜੀਵ) ਉਸ ਸਦਾ-ਥਿਰ ਪ੍ਰਭੂ ਨੂੰ ਸਿਮਰ ਰਹੇ ਹਨ।
46273	1079	ਸਿਮਰਹਿ ਪਾਤਾਲ ਪੁਰੀਆ ਸਚੁ ਸੋਆ॥		Simarehi Paathaal Pureeaa Sach Soaa ||	The nether worlds and spheres meditate in remembrance on that True Lord.	ਪਾਤਾਲ ਅਤੇ ਸਾਰੀਆਂ ਪੁਰੀਆਂ (ਦੇ ਵਾਸੀ) ਉਸ ਸਦਾ-ਥਿਰ ਪ੍ਰਭੂ ਨੂੰ ਸਿਮਰਦੇ ਹਨ।
46274	1079	ਸਿਮਰਹਿ ਖਾਣੀ ਸਿਮਰਹਿ ਬਾਣੀ ਸਿਮਰਹਿ ਸਗਲੇ ਹਰਿ ਜਨਾ॥੨॥		Simarehi Khaanee Simarehi Baanee Simarehi Sagalae Har Janaa ||2||	The sources of creation and speech meditate in remembrance; all the Lord's humble servants meditate in remembrance. ||2||	ਸਾਰੀਆਂ ਖਾਣੀਆਂ ਅਤੇ ਬਾਣੀਆਂ (ਦੇ ਜੀਵ), ਸਾਰੇ ਪ੍ਰਭੂ ਦੇ ਸੇਵਕ ਸਦਾ-ਥਿਰ ਪ੍ਰਭੂ ਦੀ ਰਜ਼ਾ ਵਿਚ ਵਰਤ ਰਹੇ ਹਨ ॥੨॥
46275	1079	ਸਿਮਰਹਿ ਬ੍ਰਹਮੇ ਬਿਸਨ ਮਹੇਸਾ॥		Simarehi Brehamae Bisan Mehaesaa ||	Brahma, Vishnu and Shiva meditate in remembrance.	ਅਨੇਕਾਂ ਬ੍ਰਹਮੇ ਵਿਸ਼ਨੂ ਅਤੇ ਸ਼ਿਵ ਪ੍ਰਭੂ ਨੂੰ ਯਾਦ ਕਰ ਰਹੇ ਹਨ।
46276	1079	ਸਿਮਰਹਿ ਦੇਵਤੇ ਕੋੜਿ ਤੇਤੀਸਾ॥		Simarehi Dhaevathae Korr Thaetheesaa ||	The three hundred thirty million gods meditate in remembrance.	ਤੇਤੀ ਕ੍ਰੋੜ ਦੇਵਤੇ ਵੀ ਪ੍ਰਭੂ ਨੂੰ ਹੀ ਯਾਦ ਕਰ ਰਹੇ ਹਨ।

46277	1079	ਸਿਮਰਹਿ ਜਖਿ ਦੈਤ ਸਭਿ ਸਿਮਰਹਿ ਅਗਨਤੁ ਨ ਜਾਈ ਜਸੁ ਗਨਾ॥੩॥	ਜੱਖਿਅ,ਦੈਂਤ। ਅ-ਗਨਤੁ	Simarehi Jakhiy Dhaith Sabh Simarehi Aganath N Jaaee Jas Ganaa ||3||	The titans and demons all meditate in remembrance; Your Praises are uncountable - they cannot be counted. ||3||	ਸਾਰੇ ਜੱਖਜਜ ਅਤੇ ਦੈਂਤ ਉਸ ਅਗਣਤ ਪ੍ਰਭੂ ਨੂੰ ਹਰ ਵੇਲੇ ਯਾਦ ਕਰ ਰਹੇ ਹਨ। ਉਸ ਦੀ ਸਿਫ਼ਤ-ਸਾਲਾਹ ਦਾ ਅੰਤ ਨਹੀਂ ਪਾਇਆ ਜਾ ਸਕਦਾ ॥੩॥
46278	1079	ਸਿਮਰਹਿ ਪਸੁ ਪੰਖੀ ਸਭਿ ਭੂਤਾ॥	ਪਸੁ: ਪੋਲਾ ਬੋਲੋ।(ਭੁਤਾ) ਸ੍ਰੀਰ, ਭੂਤ	Simarehi Pas Pankhee Sabh Bhoothaa ||	All the beasts, birds and demons meditate in remembrance.	ਸਾਰੇ ਪਸ਼ੂ ਪੰਛੀ ਆਦਿਕ ਜੀਵ ਪ੍ਰਭੂ ਨੂੰ ਯਾਦ ਕਰ ਰਹੇ ਹਨ।
46279	1079	ਸਿਮਰਹਿ ਬਨ ਪਰਬਤ ਅਉਧੂਤਾ॥		Simarehi Ban Parabath Aoudhhoothaa ||	The forests, mountains and hermits meditate in remembrance.	ਜੰਗਲ ਅਤੇ ਅਡੋਲ ਟਿਕੇ ਹੋਏ ਪਹਾੜ ਪ੍ਰਭੂ ਦੀ ਰਜ਼ਾ ਵਿੱਚ ਟਿਕੇ ਹੋਏ ਹਨ।
46280	1079	ਲਤਾ ਬਲੀ ਸਾਖ ਸਭ ਸਿਮਰਹਿ ਰਵਿ ਰਹਿਆ ਸੁਆਮੀ ਸਭ ਮਨਾ॥੪॥	(ਲਤਾ) ਬ੍ਰਿੱਛ ਤੇ ਚੜ੍ਹਨ ਵਾਲੀ ਵੇਲ।ਧਰਤੀ ਤੇ ਵਿਛਣ ਵਾਲੀ (ਬਲੀ) ਵੇਲ।ਲਤਾ: ਪੋਲਾ ਬੋਲੋ।ਬੱਲੀ	Lathaa Balee Saakh Sabh Simarehi Rav Rehiaa Suaamee Sabh Manaa ||4||	All the vines and branches meditate in remembrance; O my Lord and Master, You are permeating and pervading all minds. ||4||	ਵੇਲਾਂ ਰੁੱਖਾਂ ਦੀਆਂ ਸ਼ਾਖਾਂ, ਸਭ ਪਰਮਾਤਮਾ ਦੀ ਰਜ਼ਾ ਵਿਚ ਕੰਮ ਕਰ ਰਹੇ ਹਨ। ਮਾਲਕ-ਪ੍ਰਭੂ ਸਭ ਜੀਵਾਂ ਦੇ ਮਨਾਂ ਵਿਚ ਵੱਸ ਰਿਹਾ ਹੈ ॥੪॥
46281	1079	ਸਿਮਰਹਿ ਥੂਲ ਸੂਖਮ ਸਭਿ ਜੰਤਾ॥		Simarehi Thhool Sookham Sabh Janthaa ||	All beings, both subtle and gross, meditate in remembrance.	ਬਹੁਤ ਵੱਡੇ ਸਰੀਰਾਂ ਤੋਂ ਲੈ ਕੇ ਬਹੁਤ ਹੀ ਨਿੱਕੇ ਸਰੀਰਾਂ ਵਾਲੇ ਸਾਰੇ ਜੀਵ, ਪ੍ਰਭੂ ਨੂੰ ਯਾਦ ਕਰ ਰਹੇ ਹਨ)।

46282	1079	ਸਿਮਰਹਿ ਸਿਧ ਸਾਧਿਕ ਹਰਿ ਮੰਤਾ॥		Simarehi Sidhh Saadhhik Har Manthaa ||	The Siddhas and seekers meditate in remembrance on the Lord's Mantra.	ਸਿੱਧ ਅਤੇ ਸਾਧਿਕ ਪਰਮਾਤਮਾ ਦੇ ਮੰਤ੍ਰ ਨੂੰ ਸਿਮਰ ਰਹੇ ਹਨ।
46283	1079	ਗੁਪਤ ਪ੍ਰਗਟ ਸਿਮਰਹਿ ਪ੍ਰਭ ਮੇਰੇ ਸਗਲ ਭਵਨ ਕਾ ਪ੍ਰਭ ਧਨਾ॥੫॥		Gupath Pragatt Simarehi Prabh Maerae Sagal Bhavan Kaa Prabh Dhhanaa ||5||	Both the visible and the invisible meditate in remembrance on my God; God is the Master of all worlds. ||5||	ਹੇ ਮੇਰੇ ਪ੍ਰਭੂ! ਦਿੱਸਦੇ ਅਣਦਿੱਸਦੇ ਸਾਰੇ ਜੀਵ ਤੈਨੂੰ ਹੀ ਸਿਮਰਦੇ ਹਨ। ਤੂੰ ਸਾਰੇ ਭਵਨਾਂ ਦਾ ਮਾਲਕ ਹੈਂ ॥੫॥
46284	1079	ਸਿਮਰਹਿ ਨਰ ਨਾਰੀ ਆਸਰਮਾ॥	ਆ-ਸਰਮਾ	Simarehi Nar Naaree Aasaramaa ||	Men and women, throughout the four stages of life, meditate in remembrance on You.	ਚੌਹਾਂ ਆਸ਼੍ਰਮਾਂ ਦੇ ਨਰ ਤੇ ਨਾਰੀਆਂ ਪ੍ਰਭੂ ਦਾ ਸਿਮਰਨ ਕਰ ਰਹੇ ਹਨ।
46285	1079	ਸਿਮਰਹਿ ਜਾਤਿ ਜੋਤਿ ਸਭਿ ਵਰਨਾ॥		Simarehi Jaath Joth Sabh Varanaa ||	All social classes and souls of all races meditate in remembrance on You.	ਸਭ ਜਾਤਾਂ ਤੇ ਵਰਨਾਂ ਦੇ ਸਾਰੇ ਪ੍ਰਾਣੀਪ੍ਰਭੂ ਦਾ ਸਿਮਰਨ ਕਰ ਰਹੇ ਹਨ।
46286	1079	ਸਿਮਰਹਿ ਗੁਣੀ ਚਤੁਰ ਸਭਿ ਬੇਤੇ ਸਿਮਰਹਿ ਰੈਣੀ ਅਰੁ ਦਿਨਾ॥੬॥		Simarehi Gunee Chathur Sabh Baethae Simarehi Rainee Ar Dhinaa ||6||	All the virtuous, clever and wise people meditate in remembrance; night and day meditate in remembrance. ||6||	ਗੁਣਵਾਨ ਚਤੁਰ ਸਿਆਣੇ ਸਾਰੇ ਜੀਵ ਪਰਮਾਤਮਾ ਨੂੰ ਹੀ ਸਿਮਰਦੇ ਹਨ। (ਸਾਰੇ ਜੀਵ) ਰਾਤ ਅਤੇ ਦਿਨ ਹਰ ਵੇਲੇ ਉਸੇ ਪ੍ਰਭੂ ਨੂੰ ਸਿਮਰਦੇ ਹਨ ॥੬॥

46287	1079	ਸਿਮਰਹਿ ਘੜੀ ਮੂਰਤ ਪਲ ਨਿਮਖਾ॥		Simarehi Gharree Moorath Pal Nimakhaa ||	Hours, minutes and seconds meditate in remembrance.	ਘੜੀ ਮੁਹੂਰਤ, ਪਲ, ਨਿਮਖ (ਆਦਿਕ ਸਮੇ ਦੀਆਂ ਵੰਡਾਂ) ਪ੍ਰਭੂ ਦੇ ਹੁਕਮ-ਨਿਯਮ ਵਿਚ ਲੰਘਦੇ ਜਾ ਰਹੇ ਹਨ।
46288	1079	ਸਿਮਰੈ ਕਾਲੁ ਅਕਾਲੁ ਸੁਚਿ ਸੋਚਾ॥		Simarai Kaal Akaal Such Sochaa ||	Death and life, and thoughts of purification, meditate in remembrance.	ਮੌਤ ਪ੍ਰਭੂ ਦੇ ਹੁਕਮ ਵਿਚ ਤੁਰ ਰਹੀ ਹੈ, ਜਨਮ ਪ੍ਰਭੂ ਦੇ ਹੁਕਮ ਵਿਚ ਤੁਰ ਰਿਹਾ ਹੈ। ਸੁੱਚ ਅਤੇ ਸਰੀਰਕ ਕ੍ਰਿਆ-ਇਹ ਭੀ ਹੁਕਮ ਵਿਚ ਹੀ ਕਾਰ ਚੱਲ ਰਹੀ ਹੈ।
46289	1079	ਸਿਮਰਹਿ ਸਉਣ ਸਾਸਤ੍ਰ ਸੰਜੋਗਾ ਅਲਖੁ ਨ ਲਖੀਐ ਇਕੁ ਖਿਨਾ॥੭॥		Simarehi Soun Saasathr Sanjogaa Alakh N Lakheeai Eik Khinaa ||7||	The Shaastras, with their lucky signs and joinings, meditate in remembrance; the invisible cannot be seen, even for an instant. ||7||	ਸੰਜੋਗ ਆਦਿਕ ਦੱਸਣ ਵਾਲੇ ਜੋਤਿਸ਼ ਅਤੇ ਹੋਰ ਸ਼ਾਸਤ੍ਰ ਉਸ ਦੇ ਹੁਕਮ ਵਿਚ ਹੀ ਚੱਲ ਪਏ ਹਨ। ਪਰ ਪ੍ਰਭੂ ਆਪ ਐਸਾ ਹੈ ਕਿ ਉਸ ਦਾ ਸਹੀ ਸਰੂਪ ਦੱਸਿਆ ਨਹੀਂ ਜਾ ਸਕਦਾ, ਰਤਾ ਭਰ ਭੀ ਬਿਆਨ ਨਹੀਂ ਕੀਤਾ ਜਾ ਸਕਦਾ ॥੭॥
46290	1079	ਕਰਨ ਕਰਾਵਨਹਾਰ ਸੁਆਮੀ॥		Karan Karaavanehaar Suaamee ||	The Lord and Master is the Doer, the Cause of causes.	ਹੇ ਸਭ ਕੁਝ ਆਪ ਕਰ ਸਕਣ ਵਾਲੇ ਅਤੇ ਜੀਵਾਂ ਪਾਸੋਂ ਕਰਾ ਸਕਣ ਵਾਲੇ ਸੁਆਮੀ!
46291	1079	ਸਗਲ ਘਟਾ ਕੇ ਅੰਤਰਜਾਮੀ॥		Sagal Ghattaa Kae Antharajaamee ||	He is the Inner-knower, the Searcher of all hearts.	ਹੇ ਸਭ ਦੇ ਦਿਲਾਂ ਦੀ ਜਾਣਨ ਵਾਲੇ ਪ੍ਰਭੂ!

46292	1079	ਕਰਿ ਕਿਰਪਾ ਜਿਸੁ ਭਗਤੀ ਲਾਵਹੁ ਜਨਮੁ ਪਦਾਰਥੁ ਸੋ ਜਿਨਾ॥੮॥	(ਜਿਨਾ) ਜਿੱਤਿਆ। ਜਿਨਾ: ਪੋਲਾ ਬੋਲੋ	Kar Kirapaa Jis Bhagathee Laavahu Janam Padhaarathh So Jinaa ||8||	That person, whom You bless with Your Grace, and link to Your devotional service, wins this invaluable human life. ||8||	ਤੂੰ ਮਿਹਰ ਕਰ ਕੇ ਜਿਸ ਮਨੁੱਖ ਨੂੰ ਆਪਣੀ ਭਗਤੀ ਵਿਚ ਲਾਂਦਾ ਹੈਂ, ਉਹ ਇਸ ਕੀਮਤੀ ਮਨੁੱਖਾ ਜਨਮ ਦੀ ਬਾਜ਼ੀ ਜਿੱਤ ਜਾਂਦਾ ਹੈ ॥੮॥
46293	1079	ਜਾ ਕੈ ਮਨਿ ਵੂਠਾ ਪ੍ਰਭੁ ਅਪਨਾ॥		Jaa Kai Man Voothaa Prabh Apanaa ||	He, within whose mind God dwells,	ਜਿਸ ਮਨੁੱਖ ਦੇ ਮਨ ਵਿਚ ਪਿਆਰਾ ਪ੍ਰਭੂ ਆ ਵੱਸਦਾ ਹੈ,
46294	1079	ਪੂਰੈ ਕਰਮਿ ਗੁਰ ਕਾ ਜਪੁ ਜਪਨਾ॥		Poorai Karam Gur Kaa Jap Japanaa ||	Has perfect karma, and chants the Chant of the Guru.	ਉਹ (ਪ੍ਰਭੂ ਦੀ) ਪੂਰੀ ਮਿਹਰ ਨਾਲ ਗੁਰੂ ਦਾ (ਦੱਸਿਆ) ਨਾਮ-ਜਾਪ ਜਪਦਾ ਹੈ।
46295	1079	ਸਰਬ ਨਿਰੰਤਰਿ ਸੋ ਪ੍ਰਭੁ ਜਾਤਾ ਬਹੁੜਿ ਨ ਜੋਨੀ ਭਰਮਿ ਰੁਨਾ॥੯॥	(ਰੁੰਨਾ) ਰੋਂਦਾ	Sarab Niranthar So Prabh Jaathaa Bahurr N Jonee Bharam Runaa ||9||	One who realizes God pervading deep within all, does not wander crying in reincarnation again. ||9||	ਉਹ ਮਨੁੱਖ ਉਸ ਪ੍ਰਭੂ ਨੂੰ ਸਭਨਾਂ ਦੇ ਅੰਦਰ ਵੱਸਦਾ ਪਛਾਣ ਲੈਂਦਾ ਹੈ, ਉਹ ਮਨੁੱਖ ਮੁੜ ਜੂਨਾਂ ਦੀ ਭਟਕਣਾ ਵਿਚ ਦੁਖੀ ਨਹੀਂ ਹੁੰਦਾ ॥੯॥
46296	1079	ਗੁਰ ਕਾ ਸਬਦੁ ਵਸੈ ਮਨਿ ਜਾ ਕੈ॥		Gur Kaa Sabadh Vasai Man Jaa Kai ||	Pain, sorrow and doubt run away from that one,	ਜਿਸ ਮਨੁੱਖ ਦੇ ਮਨ ਵਿਚ ਗੁਰੂ ਦਾ ਸ਼ਬਦ ਟਿਕ ਜਾਂਦਾ ਹੈ,
46297	1079	ਦੂਖੁ ਦਰਦੁ ਭ੍ਰਮੁ ਤਾ ਕਾ ਭਾਗੈ॥		Dhookh Dharadh Bhram Thaa Kaa Bhaagai ||	Within whose mind the Word of the Guru's Shabad abides.	ਉਸ ਦਾ ਦੁੱਖ ਉਸ ਦਾ ਦਰਦ ਦੂਰ ਹੋ ਜਾਂਦਾ ਹੈ, ਉਸ ਦੀ ਭਟਕਣਾ ਮੁੱਕ ਜਾਂਦੀ ਹੈ।

46298	1079	ਸੂਖ ਸਹਜ ਆਨੰਦ ਨਾਮ ਰਸੁ ਅਨਹਦ ਬਾਣੀ ਸਹਜ ਧੁਨਾ॥੧੦॥		Sookh Sehaj Aanandh Naam Ras Anehadh Baanee Sehaj Dhhunaa ||10||	Intuitive peace, poise and bliss come from the sublime essence of the Naam; the unstruck sound current of the Guru's Bani intuitively vibrates and resounds. ||10||	ਉਸ ਦੇ ਅੰਦਰ ਆਤਮਕ ਅਡੋਲਤਾ ਦੇ ਸੁਖ-ਆਨੰਦ ਬਣੇ ਰਹਿੰਦੇ ਹਨ, ਉਸ ਨੂੰ ਪਰਮਾਤਮਾ ਦੇ ਨਾਮ ਦਾ ਸੁਆਦ ਆਉਣ ਲੱਗ ਪੈਂਦਾ ਹੈ, ਗੁਰਬਾਣੀ ਦੀ ਬਰਕਤਿ ਨਾਲ ਉਸ ਦੇ ਅੰਦਰ ਇਕ-ਰਸ ਆਤਮਕ ਅਡੋਲਤਾ ਦੀ ਰੌ ਚੱਲੀ ਰਹਿੰਦੀ ਹੈ ॥੧੦॥
46299	1079	ਸੋ ਧਨਵੰਤਾ ਜਿਨਿ ਪ੍ਰਭੁ ਧਿਆਇਆ॥		So Dhhanavanthaa Jin Prabh Dhhiaaeiaa ||	He alone is wealthy, who meditates on God.	ਜਿਸ ਮਨੁੱਖ ਨੇ ਪ੍ਰਭੂ ਦਾ ਧਿਆਨ ਧਰਿਆ ਉਹ ਨਾਮ-ਖ਼ਜ਼ਾਨੇ ਦਾ ਮਾਲਕ ਬਣ ਗਿਆ,
46300	1079	ਸੋ ਪਤਿਵੰਤਾ ਜਿਨਿ ਸਾਧਸੰਗੁ ਪਾਇਆ॥		So Pathivanthaa Jin Saadhhasang Paaeiaa ||	He alone is honorable, who joins the Saadh Sangat, the Company of the Holy.	ਜਿਸ ਮਨੁੱਖ ਨੇ ਗੁਰੂ ਦਾ ਸਾਥ ਹਾਸਲ ਕਰ ਲਿਆ ਉਹ (ਲੋਕ ਪਰਲੋਕ ਵਿਚ) ਇੱਜ਼ਤ ਵਾਲਾ ਹੋ ਗਿਆ।
46301	1079	ਪਾਰਬ੍ਰਹਮੁ ਜਾ ਕੈ ਮਨਿ ਵੂਠਾ ਸੋ ਪੂਰ ਕਰੰਮਾ ਨਾ ਛਿਨਾ॥੧੧॥	(ਛਿਨਾ) ਨਾਸ। ਵੂੱਠਾ	Paarabreham Jaa Kai Man Voothaa So Poor Karanmaa Naa Shhinaa ||11||	That person, within whose mind the Supreme Lord God abides, has perfect karma, and becomes famous. ||11||	ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਆ ਵੱਸਿਆ, ਉਹ ਵੱਡੀ ਕਿਸਮਤ ਵਾਲਾ ਹੋ ਗਿਆ ਉਹ (ਜਗਤ ਵਿਚ) ਉੱਘਾ ਹੋ ਗਿਆ ॥੧੧॥
46302	1079	ਜਲਿ ਥਲਿ ਮਹੀਅਲਿ ਸੁਆਮੀ ਸੋਈ॥		Jal Thhal Meheeal Suaamee Soee ||	The Lord and Master is pervading the water, land and sky.	ਉਹੀ ਮਾਲਕ-ਪ੍ਰਭੂ ਜਲ ਵਿਚ ਧਰਤੀ ਵਿਚ ਆਕਾਸ਼ ਵਿਚ ਵੱਸਦਾ ਹੈ,

46303	1079	ਅਵਰੁ ਨ ਕਹੀਐ ਦੂਜਾ ਕੋਈ॥		Avar N Keheeai Dhoojaa Koee ||	There is no other said to be so.	ਉਸ ਤੋਂ ਬਿਨਾ ਕੋਈ ਦੂਜਾ ਦੱਸਿਆ ਹੀ ਨਹੀਂ ਜਾ ਸਕਦਾ।
46304	1079	ਗੁਰ ਗਿਆਨ ਅੰਜਨਿ ਕਾਟਿਓ ਭ੍ਰਮੁ ਸਗਲਾ ਅਵਰੁ ਨ ਦੀਸੈ ਏਕ ਬਿਨਾ॥੧੨॥		Gur Giaan Anjan Kaattiou Bhram Sagalaa Avar N Dheesai Eaek Binaa ||12||	The ointment of the Guru's spiritual wisdom has eradicated all doubts; except the One Lord, I do not see any other at all. ||12||	ਗੁਰੂ ਦੇ ਗਿਆਨ ਦੇ ਸੁਰਮੇ ਨੇ (ਜਿਸ ਮਨੁੱਖ ਦੀਆਂ ਅੱਖਾਂ ਦਾ) ਸਾਰਾ ਭਰਮ (-ਜਾਲਾ) ਕੱਟ ਦਿੱਤਾ, ਉਸ ਨੂੰ ਇਕ ਪਰਮਾਤਮਾ ਤੋਂ ਬਿਨਾ (ਕਿਤੇ ਕੋਈ) ਹੋਰ ਨਹੀਂ ਦਿੱਸਦਾ ॥੧੨॥
46305	1079	ਊਚੇ ਤੇ ਊਚਾ ਦਰਬਾਰਾ॥		Oochae Thae Oochaa Dharabaaraa ||	The Lord's Court is the highest of the high.	ਹੇ ਪ੍ਰਭੂ! ਤੇਰਾ ਦਰਬਾਰ ਸਭ (ਦਰਬਾਰਾਂ) ਨਾਲੋਂ ਉੱਚਾ ਹੈ,
46306	1079	ਕਹਣੁ ਨ ਜਾਈ ਅੰਤੁ ਨ ਪਾਰਾ॥		Kehan N Jaaee Anth N Paaraa ||	His limit and extent cannot be described.	ਉਸ ਦਾ ਅਖ਼ੀਰ ਉਸ ਦਾ ਪਾਰਲਾ ਬੰਨਾ ਦੱਸਿਆ ਨਹੀਂ ਜਾ ਸਕਦਾ।
46307	1079	ਗਹਿਰ ਗੰਭੀਰ ਅਥਾਹ ਸੁਆਮੀ ਅਤੁਲੁ ਨ ਜਾਈ ਕਿਆ ਮਿਨਾ॥੧੩॥	ਅ-ਤੁੱਲੁ। ਮਿਨਾ: ਪੋਲਾ ਬੋਲੋ	Gehir Ganbheer Athhaah Suaamee Athul N Jaaee Kiaa Minaa ||13||	The Lord and Master is profoundly deep, unfathomable and unweighable; how can He be measured? ||13||	ਹੇ ਡੂੰਘੇ ਤੇ ਅਥਾਹ (ਸਮੁੰਦਰ)! ਹੇ ਵੱਡੇ ਜਿਗਰੇ ਵਾਲੇ! ਹੇ ਮਾਲਕ! ਤੂੰ ਅਤੁੱਲ ਹੈਂ, ਤੈਨੂੰ ਤੋਲਿਆ ਨਹੀਂ ਜਾ ਸਕਦਾ, ਤੈਨੂੰ ਮਿਣਿਆ ਨਹੀਂ ਜਾ ਸਕਦਾ ॥੧੩॥
46308	1079	ਤੂ ਕਰਤਾ ਤੇਰਾ ਸਭੁ ਕੀਆ॥		Thoo Karathaa Thaeraa Sabh Keeaa ||	You are the Creator; all is created by You.	ਹੇ ਪ੍ਰਭੂ! ਤੂੰ ਪੈਦਾ ਕਰਨ ਵਾਲਾ ਹੈਂ, ਸਾਰਾ ਜਗਤ ਤੇਰਾ ਪੈਦਾ ਕੀਤਾ ਹੋਇਆ ਹੈ।

46309	1079	ਤੁਝੁ ਬਿਨੁ ਅਵਰੁ ਨ ਕੋਈ ਬੀਆ॥		Thujh Bin Avar N Koee Beeaa ||	Without You, there is no other at all.	ਤੈਥੋਂ ਬਿਨਾ (ਤੇਰੇ ਵਰਗਾ) ਕੋਈ ਹੋਰ ਦੂਜਾ ਨਹੀਂ ਹੈ।
46310	1079	ਆਦਿ ਮਧਿ ਅੰਤਿ ਪ੍ਰਭੁ ਤੂਹੈ ਸਗਲ ਪਸਾਰਾ ਤੁਮ ਤਨਾ॥੧੪॥		Aadh Madhh Anth Prabh Thoohai Sagal Pasaaraa Thum Thanaa ||14||	You alone, God, are in the beginning, the middle and the end. You are the root of the entire expanse. ||14||	ਜਗਤ ਦੇ ਸ਼ੁਰੂ ਤੋਂ ਅਖ਼ੀਰ ਤਕ ਤੂੰ ਸਦਾ ਕਾਇਮ ਰਹਿਣ ਵਾਲਾ ਹੈਂ। ਇਹ ਸਾਰਾ ਜਗਤ-ਖਿਲਾਰਾ ਤੇਰੇ ਹੀ ਆਪਣੇ ਆਪ ਦਾ ਹੈ ॥੧੪॥
46311	1079	ਜਮਦੂਤੁ ਤਿਸੁ ਨਿਕਟਿ ਨ ਆਵੈ॥		Jamadhooth This Nikatt N Aavai ||	The Messenger of Death does not even approach that person	ਜਮਦੂਤ ਵੀ ਉਸ ਮਨੁੱਖ ਦੇ ਨੇੜੇ ਨਹੀਂ ਆ ਸਕਦਾ (ਮੌਤ ਉਸ ਨੂੰ ਡਰਾ ਨਹੀਂ ਸਕਦੀ)
46312	1079	ਸਾਧਸੰਗਿ ਹਰਿ ਕੀਰਤਨੁ ਗਾਵੈ॥		Saadhhasang Har Keerathan Gaavai ||	Who sings the Kirtan of the Lord's Praises in the Saadh Sangat, the Company of the Holy.	ਜਿਹੜਾ ਮਨੁੱਖ ਗੁਰੂ ਦੀ ਸੰਗਤ ਵਿਚ ਰਹਿ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦਾ ਹੈ।
46313	1079	ਸਗਲ ਮਨੋਰਥ ਤਾ ਕੇ ਪੂਰਨ ਜੋ ਸ੍ਰਵਣੀ ਪ੍ਰਭ ਕਾ ਜਸੁ ਸੁਨਾ॥੧੫॥		Sagal Manorathh Thaa Kae Pooran Jo Sravanee Prabh Kaa Jas Sunaa ||15||	All desires are fulfilled, for one who listens with his ears to the Praises of God. ||15||	ਜਿਹੜਾ ਮਨੁੱਖ ਆਪਣੇ ਕੰਨਾਂ ਨਾਲ ਪ੍ਰਭੂ ਦਾ ਜਸ ਸੁਣਦਾ ਰਹਿੰਦਾ ਹੈ, ਉਸ ਦੀਆਂ ਸਾਰੀਆਂ ਲੋੜਾਂ ਪੂਰੀਆਂ ਹੋ ਜਾਂਦੀਆਂ ਹਨ ॥੧੫॥
46314	1079	ਤੂ ਸਭਨਾ ਕਾ ਸਭੁ ਕੋ ਤੇਰਾ॥		Thoo Sabhanaa Kaa Sabh Ko Thaeraa ||	You belong to all, and all belong to You,	ਹੇ ਪ੍ਰਭੂ! ਤੂੰ ਸਾਰੇ ਜੀਵਾਂ ਦਾ (ਖਸਮ) ਹੈਂ। ਹਰੇਕ ਜੀਵ ਤੇਰਾ (ਪੈਦਾ ਕੀਤਾ ਹੋਇਆ) ਹੈ।
46315	1079	ਸਾਚੇ ਸਾਹਿਬ ਗਹਿਰ ਗੰਭੀਰਾ॥		Saachae Saahib Gehir Ganbheeraa ||	O my true, deep and profound Lord and Master.	(ਹੇ ਸਦਾ ਕਾਇਮ ਰਹਿਣ ਵਾਲੇ ਮਾਲਕ! ਹੇ ਡੂੰਘੇ ਤੇ ਵੱਡੇ ਜਿਗਰੇ ਵਾਲੇ ਪ੍ਰਭੂ!)

46316	1080	ਕਹੁ ਨਾਨਕ ਸੇਈ ਜਨ ਊਤਮ ਜੋ ਭਾਵਹਿ ਸੁਆਮੀ ਤੁਮ ਮਨਾ॥੧੬॥੧॥੮॥		Kahu Naanak Saeee Jan Ootham Jo Bhaavehi Suaamee Thum Manaa ||16||1||8||	Says Nanak, those humble beings are exalted, who are pleasing to Your Mind, O my Lord and Master. ||16||1||8||	ਨਾਨਕ ਆਖਦਾ ਹੈ- ਉਹੀ ਮਨੁੱਖ ਸ੍ਰੇਸ਼ਟ ਹਨ ਜਿਹੜੇ ਤੇਰੇ ਮਨ ਨੂੰ ਚੰਗੇ ਲੱਗਦੇ ਹਨ ॥੧੬॥੧॥੮॥
46317	1080	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
46318	1080	ਪ੍ਰਭ ਸਮਰਥ ਸਰਬ ਸੁਖ ਦਾਨਾ॥		Prabh Samarathh Sarab Sukh Dhaanaa ||	God is the almighty Giver of all peace and joy.	ਹੇ ਸਾਰੀਆਂ ਤਾਕਤਾਂ ਦੇ ਮਾਲਕ ਪ੍ਰਭੂ! ਹੇ ਸਾਰੇ ਸੁਖ ਦੇਣ ਵਾਲੇ!
46319	1080	ਸਿਮਰਉ ਨਾਮੁ ਹੋਹੁ ਮਿਹਰਵਾਨਾ॥		Simaro Naam Hohu Miharavaanaa ||	Be merciful to me, that I may meditate in remembrance on Your Name.	(ਮੇਰੇ ਉਤੇ) ਮਿਹਰਵਾਨ ਹੋ, ਮੈਂ ਤੇਰਾ ਨਾਮ ਸਿਮਰਦਾ ਰਹਾਂ।
46320	1080	ਹਰਿ ਦਾਤਾ ਜੀਅ ਜੰਤ ਭੇਖਾਰੀ ਜਨੁ ਬਾਂਛੈ ਜਾਚੰਗਨਾ॥੧॥	ਜਾ–ਚੰਗਨਾ ਭੀਖ	Har Dhaathaa Jeea Janth Bhaekhaaree Jan Baanshhai Jaachanganaa ||1||	The Lord is the Great Giver; all beings and creatures are beggars; His humble servants yearn to beg from Him. ||1||	ਪਰਮਾਤਮਾ ਦਾਤਾਂ ਦੇਣ ਵਾਲਾ ਹੈ, ਸਾਰੇ ਜੀਵ (ਉਸ ਦੇ ਦਰ ਦੇ) ਮੰਗਤੇ ਹਨ। (ਨਾਨਕ ਉਸ ਦਾ) ਦਾਸ ਮੰਗਤਾ ਬਣ ਕੇ (ਉਸ ਪਾਸੋਂ ਨਾਮ ਦੀ ਦਾਤਿ) ਮੰਗਦਾ ਹੈ ॥੧॥
46321	1080	ਮਾਗਉ ਜਨ ਧੂਰਿ ਪਰਮਗਤਿ ਪਾਵਉ॥		Maago Jan Dhhoor Param Gath Paavo ||	I beg for the dust of the feet of the humble, that I may be blessed with the supreme status,	(ਪ੍ਰਭੂ ਦੇ ਦਰ ਤੋਂ) ਮੈਂ (ਉਸ ਦੇ) ਸੇਵਕਾਂ ਦੀ ਚਰਨ-ਧੂੜ ਮੰਗਦਾ ਹਾਂ ਤਾ ਕਿ ਮੈਂ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਸਕਾਂ,

46322	1080	ਜਨਮ ਜਨਮ ਕੀ ਮੈਲੁ ਮਿਟਾਵਉ॥		Janam Janam Kee Mail Mittaavo ||	And the filth of countless lifetimes may be erased.	ਅਤੇ ਅਨੇਕਾਂ ਜਨਮਾਂ ਦੀ (ਵਿਕਾਰਾਂ ਦੀ) ਮੈਲ ਦੂਰ ਕਰ ਸਕਾਂ।
46323	1080	ਦੀਰਘ ਰੋਗ ਮਿਟਹਿ ਹਰਿ ਅਉਖਧਿ ਹਰਿ ਨਿਰਮਲਿ ਰਾਪੈ ਮੰਗਨਾ॥੨॥		Dheeragh Rog Mittehi Har Aoukhadhh Har Niramal Raapai Manganaa ||2||	The chronic diseases are cured by the medicine of the Lord's Name; I beg to be imbued with the Immaculate Lord. ||2||	ਹਰਿ-ਨਾਮ ਦੀ ਦਵਾਈ ਨਾਲ ਵੱਡੇ-ਵੱਡੇ ਰੋਗ ਦੂਰ ਹੋ ਜਾਂਦੇ ਹਨ। ਮੈਂ ਭੀ (ਉਸ ਦੇ ਦਰ ਤੋਂ) ਮੰਗਦਾ ਹਾਂ ਕਿ ਉਸ ਦੇ ਪਵਿੱਤਰ ਨਾਮ ਵਿਚ (ਮੇਰਾ ਮਨ) ਰੰਗਿਆ ਰਹੇ ॥੨॥
46324	1080	ਸ੍ਰਵਣੀ ਸੁਣਉ ਬਿਮਲ ਜਸੁ ਸੁਆਮੀ॥		Sravanee Suno Bimal Jas Suaamee ||	With my ears, I listen to the Pure Praises of my Lord and Master.	ਹੇ ਸੁਆਮੀ! (ਮਿਹਰ ਕਰ) ਮੈਂ (ਆਪਣੇ) ਕੰਨਾਂ ਨਾਲ ਤੇਰਾ ਪਵਿੱਤਰ ਜਸ ਸੁਣਦਾ ਰਹਾਂ।
46325	1080	ਏਕਾ ਓਟ ਤਜਉ ਬਿਖੁ ਕਾਮੀ॥		Eaekaa Outt Thajo Bikh Kaamee ||	With the Support of the One Lord, I have abandoned corruption, sexuality and desire.	ਮੈਨੂੰ ਸਿਰਫ਼ ਤੇਰਾ ਹੀ ਆਸਰਾ ਹੈ, (ਮਿਹਰ ਕਰ) ਮੈਂ ਆਤਮਕ ਮੌਤ ਲਿਆਉਣ ਵਾਲੀ ਕਾਮ-ਵਾਸਨਾ ਤਿਆਗ ਦਿਆਂ,
46326	1080	ਨਿਵਿ ਨਿਵਿ ਪਾਇ ਲਗਉ ਦਾਸ ਤੇਰੇ ਕਰਿ ਸੁਕ੍ਰਿਤੁ ਨਾਹੀ ਸੰਗਨਾ॥੩॥	ਸੁ-ਕ੍ਰਿਤੁ	Niv Niv Paae Lago Dhaas Thaerae Kar Sukirath Naahee Sanganaa ||3||	I humbly bow and fall at the feet of Your slaves; I do not hesitate to do good deeds. ||3||	ਮੈਂ ਨਿਉਂ ਨਿਉਂ ਕੇ ਤੇਰੇ ਸੇਵਕਾਂ ਦੀ ਚਰਨੀਂ ਲੱਗਦਾ ਰਹਾਂ। ਇਹ ਨੇਕ ਕਮਾਈ ਕਰਦਿਆਂ ਮੈਨੂੰ ਕਦੇ ਝਾਕਾ ਨਾਹ ਲੱਗੇ ॥੩॥

46327	1080	ਰਸਨਾ ਗੁਣ ਗਾਵੈ ਹਰਿ ਤੇਰੇ॥		Rasanaa Gun Gaavai Har Thaerae ||	O Lord, with my tongue I sing Your Glorious Praises.	ਹੇ ਸੁਆਮੀ! ਹੇ ਹਰੀ! (ਮਿਹਰ ਕਰ) ਮੇਰੀ ਜੀਭ ਤੇਰੇ ਗੁਣ ਗਾਂਦੀ ਰਹੇ,
46328	1080	ਮਿਟਹਿ ਕਮਾਤੇ ਅਵਗੁਣ ਮੇਰੇ॥		Mittehi Kamaathae Avagun Maerae ||	The sins which I have committed are erased.	ਤੇ, ਮੇਰੇ (ਪਿਛਲੇ) ਕੀਤੇ ਹੋਏ ਔਗੁਣ ਮਿਟ ਜਾਣ।
46329	1080	ਸਿਮਰਿ ਸਿਮਰਿ ਸੁਆਮੀ ਮਨੁ ਜੀਵੈ ਪੰਚ ਦੂਤ ਤਜਿ ਤੰਗਨਾ॥੪॥		Simar Simar Suaamee Man Jeevai Panch Dhooth Thaj Thanganaa ||4||	Meditating, meditating in remembrance on my Lord and Master, my mind lives; I am rid of the five oppressive demons. ||4||	(ਮਿਹਰ ਕਰ) ਤੇਰਾ ਨਾਮ ਸਿਮਰ ਸਿਮਰ ਕੇ (ਤੇ, ਸਿਮਰਨ ਦੀ ਬਰਕਤਿ ਨਾਲ) ਦੁਖੀ ਕਰਨ ਵਾਲੇ ਕਾਮਾਦਿਕ ਪੰਜ ਵੈਰੀਆਂ ਦਾ ਸਾਥ ਛੱਡ ਕੇ ਮੇਰਾ ਮਨ ਆਤਮਕ ਜੀਵਨ ਪ੍ਰਾਪਤ ਕਰ ਲਏ ॥੪॥
46330	1080	ਚਰਨਕਮਲ ਜਪਿ ਬੋਹਿਥਿ ਚਰੀਐ॥	ਚਰ੍ਹੀਐ	Charan Kamal Jap Bohithh Chareeai ||	Meditating on Your lotus feet, I have come aboard Your boat.	(ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਪਰਮਾਤਮਾ ਦੇ) ਸੋਹਣੇ ਚਰਨਾਂ ਦਾ ਧਿਆਨ ਧਰ ਕੇ (ਨਾਮ-) ਜਹਾਜ਼ ਵਿਚ ਚੜ੍ਹਨਾ ਚਾਹੀਦਾ ਹੈ,
46331	1080	ਸੰਤਸੰਗਿ ਮਿਲਿ ਸਾਗਰੁ ਤਰੀਐ॥		Santhasang Mil Saagar Thareeai ||	Joining the Society of the Saints, I cross over the world-ocean.	ਗੁਰੂ ਦੀ ਸੰਗਤ ਵਿਚ ਮਿਲ ਕੇ (ਸੰਸਾਰ-) ਸਮੁੰਦਰ ਤੋਂ ਪਾਰ ਲੰਘਿਆ ਜਾ ਸਕੀਦਾ ਹੈ।
46332	1080	ਅਰਚਾ ਬੰਦਨ ਹਰਿ ਸਮਤ ਨਿਵਾਸੀ ਬਾਹੁੜਿ ਜੋਨਿ ਨ ਨੰਗਨਾ॥੫॥		Arachaa Bandhan Har Samath Nivaasee Baahurr Jon N Nanganaa ||5||	My flower-offering and worship is to realize that the Lord is dwelling alike in all; I shall not be reincarnated naked again. ||5||	ਪਰਮਾਤਮਾ ਨੂੰ ਸਭ ਜੀਵਾਂ ਵਿਚ ਇਕ-ਸਮਾਨ ਵੱਸਦਾ ਜਾਣ ਲੈਣਾ- ਇਹੀ ਹੈ ਉਸ ਦੀ ਅਰਚਾ-ਪੂਜਾ, ਇਹੀ ਹੈ ਉਸ ਅੱਗੇ ਬੰਦਨਾ। (ਇਸ ਤਰ੍ਹਾਂ) ਮੁੜ ਮੁੜ ਜੂਨਾਂ ਵਿਚ ਪੈ ਕੇ ਖ਼ੁਆਰ ਨਹੀਂ ਹੋਈਦਾ ॥੫॥

46333	1080	ਦਾਸ ਦਾਸਨ ਕੋ ਕਰਿ ਲੇਹੁ ਗੁੋਪਾਲਾ॥	ਗੁੋਪਾਲਾ: ਗੁੋ: ਹੋੜੇ ਔਂਕੜ ਵਿਚਾਲੇ ਬੋਲੋ	Dhaas Dhaasan Ko Kar Laehu Guopaalaa ||	Please make me the slave of Your slaves, O Lord of the world.	ਹੇ ਗੋਪਾਲ! ਮੈਨੂੰ ਆਪਣੇ ਦਾਸਾਂ ਦਾ ਦਾਸ ਬਣਾ ਲੈ।
46334	1080	ਕ੍ਰਿਪਾਨਿਧਾਨ ਦੀਨ ਦਇਆਲਾ॥		Kirapaa Nidhhaan Dheen Dhaeiaalaa ||	You are the treasure of Grace, merciful to the meek.	ਹੇ ਕਿਰਪਾ ਦੇ ਖ਼ਜ਼ਾਨੇ! ਹੇ ਦੀਨਾਂ ਉਤੇ ਦਇਆ ਕਰਨ ਵਾਲੇ!
46335	1080	ਸਖਾ ਸਹਾਈ ਪੂਰਨ ਪਰਮੇਸੁਰ ਮਿਲੁ ਕਦੇ ਨ ਹੋਵੀ ਭੰਗਨਾ॥੬॥		Sakhaa Sehaaee Pooran Paramaesur Mil Kadhae N Hovee Bhanganaa ||6||	Meet with your companion and helper, the Perfect Transcendent Lord God; you shall never be separated from Him again. ||6||	ਹੇ ਸਰਬ-ਵਿਆਪਕ ਪਰਮੇਸਰ! ਤੂੰ ਹੀ ਮੇਰਾ ਮਿੱਤਰ ਹੈਂ, ਤੂੰ ਹੀ ਮੇਰਾ ਮਦਦਗਾਰ ਹੈਂ। ਮੈਨੂੰ ਮਿਲ, ਤੈਥੋਂ ਮੇਰਾ ਕਦੇ ਵਿਛੋੜਾ ਨਾਹ ਹੋਵੇ ॥੬॥
46336	1080	ਮਨੁ ਤਨੁ ਅਰਪਿ ਧਰੀ ਹਰਿ ਆਗੈ॥		Man Than Arap Dhharee Har Aagai ||	I dedicate my mind and body, and place them in offering before the Lord.	ਜਿਸ ਮਨੁੱਖ ਨੇ ਆਪਣਾ ਮਨ ਆਪਣਾ ਤਨ ਪਰਮਾਤਮਾ ਅੱਗੇ ਭੇਟਾ ਕਰ ਦਿੱਤਾ,
46337	1080	ਜਨਮ ਜਨਮ ਕਾ ਸੋਇਆ ਜਾਗੈ॥		Janam Janam Kaa Soeiaa Jaagai ||	Asleep for countless lifetimes, I have awakened.	ਉਹ ਮਨੁੱਖ ਅਨੇਕਾਂ ਜਨਮਾਂ ਦਾ ਸੁੱਤਾ ਹੋਇਆ (ਭੀ) ਜਾਗ ਪੈਂਦਾ ਹੈ (ਆਤਮਕ ਜੀਵਨ ਦੀ ਸੂਝ ਵਾਲਾ ਹੋ ਜਾਂਦਾ ਹੈ)।

46338	1080	ਜਿਸ ਕਾ ਸਾ ਸੋਈ ਪ੍ਰਤਿਪਾਲਕੁ ਹਤਿ ਤਿਆਗੀ ਹਉਮੈ ਹੰਤਨਾ ॥੭॥	ਹਤਿ: ਪੋਲਾ ਬੋਲੋ	Jis Kaa Saa Soee Prathipaalak Hath Thiaagee Houmai Hanthanaa ||7||	He, to whom I belong, is my cherisher and nurturer. I have killed and discarded my murderous self-conceit. ||7||	ਜਿਸ ਪਰਮਾਤਮਾ ਨੇ ਉਸ ਨੂੰ ਪੈਦਾ ਕੀਤਾ ਸੀ, ਉਹੀ ਉਸ ਦਾ ਰਾਖਾ ਬਣ ਜਾਂਦਾ ਹੈ, ਉਹ ਮਨੁੱਖ ਆਤਮਕ ਮੌਤ ਲਿਆਉਣ ਵਾਲੀ ਹਉਮੈ ਨੂੰ ਸਦਾ ਲਈ ਤਿਆਗ ਦੇਂਦਾ ਹੈ ॥੭॥
46339	1080	ਜਲਿ ਥਲਿ ਪੂਰਨ ਅੰਤਰਜਾਮੀ॥		Jal Thhal Pooran Antharajaamee ||	The Inner-knower, the Searcher of hearts, is pervading the water and the land.	ਸਭ ਦੇ ਦਿਲਾਂ ਦੀ ਜਾਣਨ ਵਾਲਾ ਪ੍ਰਭੂ ਜਲ ਵਿਚ ਧਰਤੀ ਵਿਚ ਸਭ ਥਾਂ ਵਿਆਪਕ ਹੈ,
46340	1080	ਘਟਿ ਘਟਿ ਰਵਿਆ ਅਛਲ ਸੁਆਮੀ॥	ਅ-ਛਲ: ਪੋਲਾ ਬੋਲੋ	Ghatt Ghatt Raviaa Ashhal Suaamee ||	The undeceivable Lord and Master is permeating each and every heart.	ਮਾਇਆ ਪਾਸੋਂ ਨਾਹ ਛਲਿਆ ਜਾ ਸਕਣ ਵਾਲਾ ਹਰੀ ਹਰੇਕ ਸਰੀਰ ਵਿਚ ਮੌਜੂਦ ਹੈ
46341	1080	ਭਰਮ ਭੀਤਿ ਖੋਈ ਗੁਰਿ ਪੂਰੈ ਏਕੁ ਰਵਿਆ ਸਰਬੰਗਨਾ॥੮॥		Bharam Bheeth Khoee Gur Poorai Eaek Raviaa Sarabanganaa ||8||	The Perfect Guru has demolished the wall of doubt, and now I see the One Lord pervading everywhere. ||8||	ਪੂਰੇ ਗੁਰੂ ਨੇ (ਜਿਸ ਮਨੁੱਖ ਦੀ ਪਰਮਾਤਮਾ ਨਾਲੋਂ ਵਿਛੋੜਾ ਪਾਣ ਵਾਲੀ) ਭਟਕਣਾ ਦੀ ਕੰਧ ਦੂਰ ਕਰ ਦਿੱਤੀ, ਉਸ ਨੂੰ ਪਰਮਾਤਮਾ ਸਭਨਾਂ ਵਿਚ ਵਿਆਪਕ ਦਿੱਸ ਪੈਂਦਾ ਹੈ ॥੮॥
46342	1080	ਜਤ ਕਤ ਪੇਖਉ ਪ੍ਰਭ ਸੁਖਸਾਗਰ॥		Jath Kath Paekho Prabh Sukh Saagar ||	Wherever I look, there I see God, the ocean of peace.	ਮੈਂ ਜਿਸ ਭੀ ਪਾਸੇ ਵੇਖਦਾ ਹਾਂ, ਸੁਖਾਂ ਦਾ ਸਮੁੰਦਰ ਪਰਮਾਤਮਾ ਹੀ (ਵੱਸ ਰਿਹਾ ਹੈ)।

46343	1080	ਹਰਿ ਤੋਟਿ ਭੰਡਾਰ ਨਾਹੀ ਰਤਨਾਗਰ॥		Har Thott Bhanddaar Naahee Rathanaagar ||	The Lord's treasure is never exhausted; He is the storehouse of jewels.	ਰਤਨਾਂ ਦੀ ਖਾਣ ਉਸ ਪਰਮਾਤਮਾ ਦੇ ਖ਼ਜ਼ਾਨਿਆਂ ਵਿਚ ਕਦੇ ਕਮੀ ਨਹੀਂ ਆਉਂਦੀ।
46344	1080	ਅਗਹ ਅਗਾਹ ਕਿਛੁ ਮਿਤਿ ਨਹੀ ਪਾਈਐ ਸੋ ਬੂਝੈ ਜਿਸੁ ਕਿਰਪੰਗਨਾ॥੯॥		Ageh Agaah Kishh Mith Nehee Paaeeai So Boojhai Jis Kirapanganaa ||9||	He cannot be seized; He is inaccessible, and His limits cannot be found. He is realized when the Lord bestows His Grace. ||9||	ਉਸ ਪਰਮਾਤਮਾ ਦੀ ਹਸਤੀ ਦਾ ਕੋਈ ਹੱਦ-ਬੰਨਾ ਨਹੀਂ ਲੱਭ ਸਕਦਾ ਜੋ ਹਰੇਕ ਕਿਸਮ ਦੀ ਜਕੜ ਤੋਂ ਪਰੇ ਹੈ ਜਿਸ ਦੀ ਹਾਥ ਨਹੀਂ ਪਾਈ ਜਾ ਸਕਦੀ। ਪਰ ਇਹ ਗੱਲ ਉਹ ਮਨੁੱਖ ਸਮਝਦਾ ਹੈ ਜਿਸ ਉਤੇ ਉਸ ਦੀ ਕਿਰਪਾ ਹੋਵੇ ॥੯॥
46345	1080	ਛਾਤੀ ਸੀਤਲ ਮਨੁ ਤਨੁ ਠੰਢਾ॥		Shhaathee Seethal Man Than Thandtaa ||	My heart is cooled, and my mind and body are calmed and soothed.	ਉਹਨਾਂ (ਵਡ-ਭਾਗੀਆਂ) ਦਾ ਹਿਰਦਾ ਸ਼ਾਂਤ ਹੋ ਗਿਆ ਹੈ, ਉਹਨਾਂ ਦਾ ਮਨ ਉਹਨਾਂ ਦਾ ਤਨ ਸ਼ਾਂਤ ਹੋ ਗਿਆ ਹੈ,
46346	1080	ਜਨਮ ਮਰਣ ਕੀ ਮਿਟਵੀ ਡੰਝਾ॥		Janam Maran Kee Mittavee Ddanjhaa ||	The craving for birth and death is quenched.	ਉਹਨਾਂ ਦੀ ਜਨਮ ਮਰਨ ਦੇ ਗੇੜ ਵਿਚ ਪਾਣ ਵਾਲੀ ਸੜਨ ਮਿਟ ਗਈ ਹੈ,
46347	1080	ਕਰੁ ਗਹਿ ਕਾਢਿ ਲੀਏ ਪ੍ਰਭਿ ਅਪੁਨੈ ਅਮਿਓ ਧਾਰਿ ਦ੍ਰਿਸਟੰਗਨਾ॥੧੦॥		Kar Gehi Kaadt Leeeae Prabh Apunai Amiou Dhhaar Dhrisattanganaa ||10||	Grasping hold of my hand, He has lifted me up and out; He has blessed me with His Ambrosial Glance of Grace. ||10||	ਜਿਨ੍ਹਾਂ ਨੂੰ (ਉਹਨਾਂ ਦਾ) ਹੱਥ ਫੜ ਕੇ ਆਤਮਕ ਜੀਵਨ ਦੇਣ ਵਾਲੀ ਨਿਗਾਹ ਕਰ ਕੇ ਪਿਆਰੇ ਪ੍ਰਭੂ ਨੇ (ਸੰਸਾਰ-ਸਮੁੰਦਰ ਵਿਚੋਂ) ਕੱਢ ਲਿਆ ਹੈ ॥੧੦॥
46348	1080	ਏਕੋ ਏਕੁ ਰਵਿਆ ਸਭ ਠਾਈ॥	ਠਾਂਈਂ	Eaeko Eaek Raviaa Sabh Thaaee ||	The One and Only Lord is permeating and pervading everywhere.	(ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੀ ਮਾਇਆ ਦੀ) ਤ੍ਰਿਸ਼ਨਾ ਮੁੱਕ ਜਾਂਦੀ ਹੈ ਭਟਕਣਾ ਮੁੱਕ ਜਾਂਦੀ ਹੈ।

46349	1080	ਤਿਸੁ ਬਿਨੁ ਦੂਜਾ ਕੋਈ ਨਾਹੀ॥		This Bin Dhoojaa Koee Naahee ||	There is none other than Him at all.	(ਉਸ ਨੂੰ ਇਹ ਦਿੱਸ ਪੈਂਦਾ ਹੈ ਕਿ) ਪਰਮਾਤਮਾ ਹੀ ਪਰਮਾਤਮਾ ਸਭਨੀਂ ਥਾਈਂ ਵੱਸ ਰਿਹਾ ਹੈ, ਉਸ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ ਹੈ,
46350	1080	ਆਦਿ ਮਧਿ ਅੰਤਿ ਪ੍ਰਭੁ ਰਵਿਆ ਤ੍ਰਿਸਨ ਬੁਝੀ ਭਰਮੰਗਨਾ॥੧੧॥		Aadh Madhh Anth Prabh Raviaa Thrisan Bujhee Bharamanganaa ||11||	God permeates the beginning, the middle and the end; He has subdued my desires and doubts. ||11||	ਉਹ ਪਰਮਾਤਮਾ ਹੀ ਜਗਤ-ਰਚਨਾ ਦੇ ਸ਼ੁਰੂ ਵਿਚ ਸੀ, ਉਹ ਪਰਮਾਤਮਾ ਹੀ ਹੁਣ ਮੌਜੂਦ ਹੈ, ਉਹ ਪਰਮਾਤਮਾ ਹੀ ਜਗਤ ਦੇ ਅੰਤ ਵਿਚ ਹੋਵੇਗਾ ॥੧੧॥
46351	1080	ਗੁਰੁ ਪਰਮੇਸਰੁ ਗੁਰੁ ਗੋਬਿੰਦੁ॥		Gur Paramaesar Gur Gobindh ||	The Guru is the Transcendent Lord, the Guru is the Lord of the Universe.	ਗੁਰੂ ਪਰਮੇਸਰ (ਦਾ ਰੂਪ) ਹੈ ਗੁਰੂ ਗੋਬਿੰਦ (ਦਾ ਰੂਪ) ਹੈ,
46352	1080	ਗੁਰੁ ਕਰਤਾ ਗੁਰੁ ਸਦ ਬਖਸੰਦੁ॥		Gur Karathaa Gur Sadh Bakhasandh ||	The Guru is the Creator, the Guru is forever forgiving.	ਗੁਰੂ ਕਰਤਾਰ (ਦਾ ਰੂਪ ਹੈ) ਗੁਰੂ ਸਦਾ ਬਖ਼ਸ਼ਸ਼ਾਂ ਕਰਨ ਵਾਲਾ ਹੈ।
46353	1080	ਗੁਰ ਜਪੁ ਜਾਪਿ ਜਪਤ ਫਲੁ ਪਾਇਆ ਗਿਆਨ ਦੀਪਕੁ ਸੰਤਸੰਗਨਾ॥੧੨॥		Gur Jap Jaap Japath Fal Paaeiaa Giaan Dheepak Santh Sanganaa ||12||	Meditating, chanting the Guru's Chant, I have obtained the fruits and rewards; in the Company of the Saints, I have been blessed with the lamp of spiritual wisdom. ||12||	ਸਾਧ ਸੰਗਤ ਵਿਚ ਟਿਕ ਕੇ ਗੁਰੂ ਦਾ ਦੱਸਿਆ ਹਰਿ-ਨਾਮ ਦਾ ਜਾਪ ਜਪਦਿਆਂ ਮਨੁੱਖ ਦੇ ਅੰਦਰ ਆਤਮਕ ਜੀਵਨ ਦੀ ਸੂਝ ਦਾ ਦੀਵਾ ਜਗ ਪੈਂਦਾ ਹੈ ॥੧੨॥

46354	1080	ਜੋ ਪੇਖਾ ਸੋ ਸਭੁ ਕਿਛੁ ਸੁਆਮੀ॥		Jo Paekhaa So Sabh Kishh Suaamee ||	Whatever I see, is my Lord and Master God.	(ਸੰਸਾਰ ਵਿਚ) ਮੈਂ ਜੋ ਕੁਝ ਵੇਖਦਾ ਹਾਂ ਸਭ ਕੁਝ ਮਾਲਕ-ਪ੍ਰਭੂ (ਦਾ ਹੀ ਰੂਪ) ਹੈ,
46355	1080	ਜੋ ਸੁਨਣਾ ਸੋ ਪ੍ਰਭ ਕੀ ਬਾਨੀ॥		Jo Sunanaa So Prabh Kee Baanee ||	Whatever I hear, is the Bani of God's Word.	ਜੋ ਕੁਝ ਮੈਂ ਸੁਣਦਾ ਹਾਂ, ਪ੍ਰਭੂ ਹੀ ਹਰ ਥਾਂ ਆਪ ਬੋਲ ਰਿਹਾ ਹੈ।
46356	1080	ਜੋ ਕੀਨੋ ਸੋ ਤੁਮਹਿ ਕਰਾਇਓ ਸਰਣਿ ਸਹਾਈ ਸੰਤਹ ਤਨਾ॥੧੩॥	ਤਨਾ ਪਿਆਰੇ	Jo Keeno So Thumehi Karaaeiou Saran Sehaaee Santheh Thanaa ||13||	Whatever I do, You make me do; You are the Sanctuary, the help and support of the Saints, Your children. ||13||	ਹੇ ਪ੍ਰਭੂ! ਜੋ ਕੁਝ ਜੀਵ ਕਰਦੇ ਹਨ, ਉਹ ਤੂੰ ਹੀ ਕਰਾ ਰਿਹਾ ਹੈਂ। ਤੂੰ ਸਰਨ-ਪਿਆਂ ਦੀ ਸਹਾਇਤਾ ਕਰਨ ਵਾਲਾ ਹੈਂ, ਤੂੰ (ਆਪਣੇ) ਸੰਤਾਂ ਦਾ ਸਹਾਰਾ ਹੈਂ ॥੧੩॥
46357	1080	ਜਾਚਕੁ ਜਾਚੈ ਤੁਮਹਿ ਅਰਾਧੈ॥	ਸਾਧੈ: ਪੋਲਾ ਬੋਲੋ	Jaachak Jaachai Thumehi Araadhhai ||	The beggar begs, and worships You in adoration.	(ਤੇਰੇ ਦਰ ਦਾ) ਮੰਗਤਾ (ਦਾਸ) ਤੈਥੋਂ ਹੀ ਮੰਗਦਾ ਹੈ ਤੈਨੂੰ ਹੀ ਆਰਾਧਦਾ ਹੈ।
46358	1080	ਪਤਿਤ ਪਾਵਨ ਪੂਰਨ ਪ੍ਰਭ ਸਾਧੈ॥		Pathith Paavan Pooran Prabh Saadhhai ||	You are the Purifier of the sinners, O Perfectly Holy Lord God.	ਹੇ ਪਤਿਤ-ਪਾਵਨ ਪ੍ਰਭੂ! ਹੇ ਪੂਰਨ ਸਾਧ ਪ੍ਰਭੂ! (ਆਪਣੇ ਦਾਸ ਨੂੰ ਨਾਮ ਦਾ ਦਾਨ ਦੇਹ)।
46359	1080	ਏਕੋ ਦਾਨੁ ਸਰਬ ਸੁਖ ਗੁਣ ਨਿਧਿ ਆਨ ਮੰਗਨ ਨਿਹਕਿੰਚਨਾ॥੧੪॥	(ਨਿਹ-ਕਿੰਚਨਾ) ਨਿਰਇੱਛਤ।	Eaeko Dhaan Sarab Sukh Gun Nidhh Aan Mangan Nihakinchanaa ||14||	Please bless me with this one gift, O treasure of all bliss and virtue; I do not ask for anything else. ||14||	ਹੇ ਸਾਰੇ ਸੁਖ ਦੇਣ ਵਾਲੇ ਪ੍ਰਭੂ! ਗੁਣਾਂ ਦੇ ਖ਼ਜ਼ਾਨੇ ਪ੍ਰਭੂ! (ਤੇਰਾ ਦਾਸ ਤੈਥੋਂ) ਸਿਰਫ਼ (ਤੇਰੇ ਨਾਮ ਦਾ) ਦਾਨ (ਹੀ ਮੰਗਦਾ ਹੈ), ਹੋਰ ਮੰਗਾਂ ਮੰਗਣੀਆਂ ਨਿਕੰਮੀਆਂ ਹਨ ॥੧੪॥
46360	1081	ਕਾਇਆ ਪਾਤੁ ਪ੍ਰਭੁ ਕਰਣੈਹਾਰਾ॥		Kaaeiaa Paathra Prabh Karanaihaaraa ||	God is the Creator of the body-vessel.	ਸਮਰੱਥ ਪ੍ਰਭੂ ਉਸ ਮਨੁੱਖ ਦੇ ਸਰੀਰ ਨੂੰ (ਨਾਮ ਦੀ ਦਾਤ ਹਾਸਲ ਕਰਨ ਲਈ) ਯੋਗ ਭਾਂਡਾ ਬਣਾ ਦੇਂਦਾ ਹੈ,

46361	1081	ਲਗੀ ਲਾਗਿ ਸੰਤ ਸੰਗਾਰਾ॥		Lagee Laag Santh Sangaaraa ||	In the Society of the Saints, the dye is produced.	ਜਿਸ ਨੂੰ ਸਾਧ ਸੰਗਤ ਵਿਚ ਛੁਹ ਲੱਗ ਜਾਂਦੀ ਹੈ।
46362	1081	ਨਿਰਮਲ ਸੋਇ ਬਣੀ ਹਰਿ ਬਾਣੀ ਮਨੁ ਨਾਮਿ ਮਜੀਠੈ ਰੰਗਨਾ॥੧੫॥		Niramal Soe Banee Har Baanee Man Naam Majeethai Ranganaa ||15||	Through the Word of the Lord's Bani, one's reputation becomes immaculate, and the mind is colored by the dye of the Naam, the Name of the Lord. ||15||	ਪਰਮਾਤਮਾ ਦੀ ਸਿਫ਼ਤ-ਸਾਲਾਹ ਵਾਲੀ ਬਾਣੀ ਦੀ ਰਾਹੀਂ ਉਸ ਮਨੁੱਖ ਦੀ ਚੰਗੀ ਸੋਭਾ ਬਣ ਜਾਂਦੀ ਹੈ, ਉਸ ਦਾ ਮਨ ਮਜੀਠ (ਦੇ ਪੱਕੇ ਰੰਗ ਵਰਗੇ) ਨਾਮ-ਰੰਗ ਵਿਚ ਰੰਗਿਆ ਜਾਂਦਾ ਹੈ ॥੧੫॥
46363	1081	ਸੋਲਹ ਕਲਾ ਸੰਪੂਰਨ ਫਲਿਆ॥		Soleh Kalaa Sanpooran Faliaa ||	The sixteen powers, absolute perfection and fruitful rewards are obtained,	ਉਸ ਮਨੁੱਖ ਦਾ ਜੀਵਨ ਮੁਕੰਮਲ ਤੌਰ ਤੇ ਸਫਲ ਹੋ ਜਾਂਦਾ ਹੈ,
46364	1081	ਅਨਤ ਕਲਾ ਹੋਇ ਠਾਕੁਰੁ ਚੜਿਆ॥		Anath Kalaa Hoe Thaakur Charriaa ||	When the Lord and Master of infinite power is revealed.	ਜਿਸ ਮਨੁੱਖ ਦੇ ਹਿਰਦੇ-ਆਕਾਸ਼ ਵਿਚ ਬੇਅੰਤ ਤਾਕਤਾਂ ਵਾਲਾ ਪ੍ਰਭੂ-ਸੂਰਜ ਚੜ੍ਹ ਪੈਂਦਾ ਹੈ (ਪ੍ਰਭੂ ਪਰਗਟ ਹੋ ਜਾਂਦਾ ਹੈ)।
46365	1081	ਅਨਦ ਬਿਨੋਦ ਹਰਿ ਨਾਮਿ ਸੁਖ ਨਾਨਕ ਅੰਮ੍ਰਿਤ ਰਸੁ ਹਰਿ ਭੁੰਚਨਾ॥੧੬॥੨॥੯॥		Anadh Binodh Har Naam Sukh Naanak Anmrith Ras Har Bhunchanaa ||16||2||9||	The Lord's Name is Nanak's bliss, play and peace; he drinks in the Ambrosial Nectar of the Lord. ||16||2||9||	ਹੇ ਨਾਨਕ! ਹਰਿ-ਨਾਮ ਦੀ ਬਰਕਤਿ ਨਾਲ ਉਸ ਮਨੁੱਖ ਦੇ ਅੰਦਰ ਆਨੰਦ ਖ਼ੁਸ਼ੀਆਂ ਤੇ ਸੁਖ ਬਣੇ ਰਹਿੰਦੇ ਹਨ, ਉਹ ਮਨੁੱਖ ਸਦਾ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਰਸ ਮਾਣਦਾ ਰਹਿੰਦਾ ਹੈ ॥੧੬॥੨॥੯॥

46366	1081	ਮਾਰੂ ਸੋਲਹੇ ਮਹਲਾ ੫		Maaroo Solehae Mehalaa 5	Maaroo, Solhas, Fifth Mehl:	ਰਾਗ ਮਾਰੂ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਸੋਹਲੇ' (੧੬ ਬੰਦਾਂ ਵਾਲੀ ਬਾਣੀ)।
46367	1081	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
46368	1081	ਤੂ ਸਾਹਿਬੁ ਹਉ ਸੇਵਕੁ ਕੀਤਾ॥		Thoo Saahib Ho Saevak Keethaa ||	You are my Lord and Master; You have made me Your servant.	ਹੇ ਪ੍ਰਭੂ! ਤੂੰ (ਮੇਰਾ) ਮਾਲਕ ਹੈਂ, ਮੈਂ ਤੇਰਾ (ਪੈਦਾ) ਕੀਤਾ ਹੋਇਆ ਸੇਵਕ ਹਾਂ।
46369	1081	ਜੀਉ ਪਿੰਡੁ ਸਭੁ ਤੇਰਾ ਦੀਤਾ॥		Jeeo Pindd Sabh Thaeraa Dheethaa ||	My soul and body are all gifts from You.	ਇਹ ਜਿੰਦ ਇਹ ਸਰੀਰ ਸਭ ਕੁਝ ਤੇਰਾ ਦਿੱਤਾ ਹੋਇਆ ਹੈ।
46370	1081	ਕਰਨ ਕਰਾਵਨ ਸਭੁ ਤੂਹੈ ਤੂਹੈ ਹੈ ਨਾਹੀ ਕਿਛੁ ਅਸਾੜਾ॥੧॥		Karan Karaavan Sabh Thoohai Thoohai Hai Naahee Kishh Asaarraa ||1||	You are the Creator, the Cause of causes; nothing belongs to me. ||1||	ਹੇ ਪ੍ਰਭੂ! (ਜਗਤ ਵਿਚ) ਸਭ ਕੁਝ ਕਰਨ ਵਾਲਾ ਤੂੰ ਹੀ ਹੈਂ (ਜੀਵਾਂ ਪਾਸੋਂ) ਕਰਾਣ ਵਾਲਾ ਭੀ ਤੂੰ ਹੀ ਹੈਂ। ਅਸਾਂ ਜੀਵਾਂ ਦਾ ਕੋਈ ਜ਼ੋਰ ਨਹੀਂ ਚੱਲ ਸਕਦਾ ॥੧॥
46371	1081	ਤੁਮਹਿ ਪਠਾਏ ਤਾ ਜਗ ਮਹਿ ਆਏ॥		Thumehi Pathaaeae Thaa Jag Mehi Aaeae ||	When You sent me, I came into the world.	ਹੇ ਪ੍ਰਭੂ! ਤੂੰ ਹੀ (ਜੀਵਾਂ ਨੂੰ) ਭੇਜਦਾ ਹੈਂ, ਤਾਂ (ਇਹ) ਜਗਤ ਵਿਚ ਆਉਂਦੇ ਹਨ।
46372	1081	ਜੋ ਤੁਧੁ ਭਾਣਾ ਸੇ ਕਰਮ ਕਮਾਏ॥		Jo Thudhh Bhaanaa Sae Karam Kamaaeae ||	Whatever is pleasing to Your Will, I do.	ਜੋ ਤੈਨੂੰ ਚੰਗਾ ਲੱਗਦਾ ਹੈ, ਉਸੇ ਤਰ੍ਹਾਂ ਦੇ ਕਰਮ ਜੀਵ ਕਰਦੇ ਹਨ।

46373	1081	ਤੁਝ ਤੇ ਬਾਹਰਿ ਕਿਛੂ ਨ ਹੋਆ ਤਾ ਭੀ ਨਾਹੀ ਕਿਛੁ ਕਾੜਾ॥੨॥		Thujh Thae Baahar Kishhoo N Hoaa Thaa Bhee Naahee Kishh Kaarraa ||2||	Without You, nothing is done, so I am not anxious at all. ||2||	ਹੇ ਪ੍ਰਭੂ! ਤੇਰੇ ਹੁਕਮ ਤੋਂ ਬਾਹਰ ਕੁਝ ਭੀ ਨਹੀਂ ਹੋ ਸਕਦਾ। ਇਤਨਾ ਖਲਜਗਨ ਹੁੰਦਿਆਂ ਭੀ ਤੈਨੂੰ ਕੋਈ ਚਿੰਤਾ-ਫ਼ਿਕਰ ਨਹੀਂ ਹੈ ॥੨॥
46374	1081	ਊਹਾ ਹੁਕਮੁ ਤੁਮਾਰਾ ਸੁਣੀਐ॥		Oohaa Hukam Thumaaraa Suneeai ||	In the world hereafter, the Hukam of Your Command is heard.	ਹੇ ਪ੍ਰਭੂ! ਪਰਲੋਕ ਵਿਚ ਭੀ ਤੇਰਾ (ਹੀ) ਹੁਕਮ (ਚੱਲ ਰਿਹਾ) ਸੁਣਿਆ ਜਾ ਰਿਹਾ ਹੈ,
46375	1081	ਈਹਾ ਹਰਿ ਜਸੁ ਤੇਰਾ ਭਣੀਐ॥		Eehaa Har Jas Thaeraa Bhaneeai ||	In this world, I chant Your Praises, Lord.	ਇਸ ਲੋਕ ਵਿਚ ਭੀ ਤੇਰੀ ਹੀ ਸਿਫ਼ਤ-ਸਾਲਾਹ ਉਚਾਰੀ ਜਾ ਰਹੀ ਹੈ।
46376	1081	ਆਪੇ ਲੇਖ ਅਲੇਖੈ ਆਪੇ ਤੁਮ ਸਿਉ ਨਾਹੀ ਕਿਛੁ ਝਾੜਾ॥੩॥	(ਝਾੜਾ) ਝਗੜਾ	Aapae Laekh Alaekhai Aapae Thum Sio Naahee Kishh Jhaarraa ||3||	You Yourself write the account, and You Yourself erase it; no one can argue with You. ||3||	ਹੇ ਪ੍ਰਭੂ! ਤੂੰ ਆਪ ਹੀ (ਜੀਵਾਂ ਦੇ ਕੀਤੇ ਕਰਮਾਂ ਦੇ) ਲੇਖੇ (ਲਿਖਣ ਵਾਲਾ ਹੈਂ), ਤੂੰ ਆਪ ਹੀ ਲੇਖੇ ਤੋਂ ਬਾਹਰ ਹੈਂ। ਤੇਰੇ ਨਾਲ (ਜੀਵ) ਕੋਈ ਝਗੜਾ ਨਹੀਂ ਪਾ ਸਕਦੇ ॥੩॥
46377	1081	ਤੂ ਪਿਤਾ ਸਭਿ ਬਾਰਿਕ ਥਾਰੇ॥		Thoo Pithaa Sabh Baarik Thhaarae ||	You are our father; we are all Your children.	ਹੇ ਪ੍ਰਭੂ! ਤੂੰ (ਸਭ ਜੀਵਾਂ ਦਾ) ਪਿਤਾ ਹੈਂ, ਸਾਰੇ (ਜੀਵ) ਤੇਰੇ ਬੱਚੇ ਹਨ।
46378	1081	ਜਿਉ ਖੇਲਾਵਹਿ ਤਿਉ ਖੇਲਣਹਾਰੇ॥		Jio Khaelaavehi Thio Khaelanehaarae ||	We play as You cause us to play.	ਜਿਵੇਂ ਤੂੰ (ਇਹਨਾਂ ਬੱਚਿਆਂ ਨੂੰ) ਖਿਡਾਂਦਾ ਹੈਂ, ਤਿਵੇਂ ਹੀ ਇਹ ਖੇਡ ਸਕਦੇ ਹਨ।

46379	1081	ਉਝੜ ਮਾਰਗੁ ਸਭੁ ਤੁਮ ਹੀ ਕੀਨਾ ਚਲੈ ਨਾਹੀ ਕੋ ਵੇਪਾੜਾ॥੪॥	(ਵੇ-ਪਾੜਾ) ਉਲਟ। (ਉੱਝੜ) ਚੱਲੈ	Oujharr Maarag Sabh Thum Hee Keenaa Chalai Naahee Ko Vaepaarraa ||4||	The wilderness and the path are all made by You. No one can take the wrong path. ||4||	ਹੇ ਪ੍ਰਭੂ! ਗ਼ਲਤ ਰਸਤਾ ਤੇ ਠੀਕ ਰਸਤਾ ਸਭ ਕੁਝ ਤੂੰ ਆਪ ਹੀ ਬਣਾਇਆ ਹੋਇਆ ਹੈ। ਕੋਈ ਭੀ ਜੀਵ (ਆਪਣੇ ਆਪ) ਗ਼ਲਤ ਰਸਤੇ ਉੱਤੇ ਤੁਰ ਨਹੀਂ ਸਕਦਾ ॥੪॥
46380	1081	ਇਕਿ ਬੈਸਾਇ ਰਖੇ ਗ੍ਰਿਹ ਅੰਤਰਿ॥		Eik Baisaae Rakhae Grih Anthar ||	Some remain seated within their homes.	ਹੇ ਪ੍ਰਭੂ! ਕਈ ਜੀਵ ਐਸੇ ਹਨ ਜਿਨ੍ਹਾਂ ਨੂੰ ਤੂੰ ਘਰ ਵਿਚ ਬਿਠਾਲ ਰੱਖਿਆ ਹੈ।
46381	1081	ਇਕਿ ਪਠਾਏ ਦੇਸ ਦਿਸੰਤਰਿ॥		Eik Pathaaeae Dhaes Dhisanthar ||	Some wander across the country and through foreign lands.	ਕਈ ਐਸੇ ਹਨ ਜਿਨ੍ਹਾਂ ਨੂੰ ਤੂੰ ਹੋਰ ਹੋਰ ਦੇਸਾਂ ਵਿਚ ਭੇਜਦਾ ਹੈਂ।
46382	1081	ਇਕ ਹੀ ਕਉ ਘਾਸੁ ਇਕ ਹੀ ਕਉ ਰਾਜਾ ਇਨ ਮਹਿ ਕਹੀਐ ਕਿਆ ਕੂੜਾ ॥੫॥		Eik Hee Ko Ghaas Eik Hee Ko Raajaa Ein Mehi Keheeai Kiaa Koorraa ||5||	Some are grass-cutters, and some are kings. Who among these can be called false? ||5||	ਕਈ ਜੀਵਾਂ ਨੂੰ ਤੂੰ ਘਾਹ ਖੋਤਰਨ ਤੇ ਲਾ ਦਿੱਤਾ ਹੈ, ਕਈਆਂ ਨੂੰ ਤੂੰ ਰਾਜੇ ਬਣਾ ਦਿੱਤਾ ਹੈ। ਤੇਰੇ ਇਹਨਾਂ ਕੰਮਾਂ ਵਿਚੋਂ ਕਿਸੇ ਕੰਮ ਨੂੰ ਗ਼ਲਤ ਨਹੀਂ ਆਖਿਆ ਜਾ ਸਕਦਾ ॥੫॥
46383	1081	ਕਵਨ ਸੁ ਮੁਕਤੀ ਕਵਨ ਸੁ ਨਰਕਾ॥		Kavan S Mukathee Kavan S Narakaa ||	Who is liberated, and who will land in hell?	ਹੇ ਪ੍ਰਭੂ! ਤੇਰੇ ਹੁਕਮ ਤੋਂ ਬਾਹਰ ਨਾਹ ਕੋਈ ਮੁਕਤੀ ਹੈ ਨਾਹ ਕੋਈ ਨਰਕ ਹੈ।
46384	1081	ਕਵਨੁ ਸੈਸਾਰੀ ਕਵਨੁ ਸੁ ਭਗਤਾ॥		Kavan Saisaaree Kavan S Bhagathaa ||	Who is worldly, and who is a devotee?	ਤੇਰੇ ਹੁਕਮ ਤੋਂ ਬਿਨਾ ਨਾਹ ਕੋਈ ਗ੍ਰਿਹਸਤੀ ਹੈ ਨਾਹ ਕੋਈ ਭਗਤ ਬਣ ਸਕਦਾ ਹੈ।

46385	1081	ਕਵਨ ਸੁ ਦਾਨਾ ਕਵਨੁ ਸੁ ਹੋਛਾ ਕਵਨ ਸੁ ਸੁਰਤਾ ਕਵਨੁ ਜੜਾ॥੬॥	ਦੱਾਨਾ	Kavan S Dhaanaa Kavan S Hoshhaa Kavan S Surathaa Kavan Jarraa ||6||	Who is wise, and who is shallow? Who is aware, and who is ignorant? ||6||	ਨਾਹ ਕੋਈ ਵੱਡੇ ਜਿਗਰੇ ਵਾਲਾ ਹੈ ਨਾਹ ਕੋਈ ਹੋਛੇ ਸੁਭਾਉ ਵਾਲਾ ਹੈ। ਤੇਰੇ ਹੁਕਮ ਤੋਂ ਬਿਨਾ ਨਾਹ ਕੋਈ ਉੱਚੀ ਸੂਝ ਵਾਲਾ ਹੈ ਤੇ ਨਾਹ ਕੋਈ ਮੂਰਖ ਹੈ ॥੬॥
46386	1081	ਹੁਕਮੇ ਮੁਕਤੀ ਹੁਕਮੇ ਨਰਕਾ॥		Hukamae Mukathee Hukamae Narakaa ||	By the Hukam of the Lord's Command, one is liberated, and by His Hukam, one falls into hell.	ਹੇ ਪ੍ਰਭੂ! ਤੇਰੇ ਹੀ ਹੁਕਮ ਵਿਚ (ਕਿਸੇ ਨੂੰ) ਮੁਕਤੀ (ਮਿਲਦੀ) ਹੈ, ਤੇਰੇ ਹੀ ਹੁਕਮ ਵਿਚ (ਕਿਸੇ ਨੂੰ) ਨਰਕ (ਮਿਲਦਾ) ਹੈ।
46387	1081	ਹੁਕਮਿ ਸੈਸਾਰੀ ਹੁਕਮੇ ਭਗਤਾ॥		Hukam Saisaaree Hukamae Bhagathaa ||	By His Hukam, one is worldly, and by His Hukam, one is a devotee.	ਤੇਰੇ ਹੀ ਹੁਕਮ ਵਿਚ ਕੋਈ ਗ੍ਰਿਹਸਤੀ ਹੈ ਤੇ ਕੋਈ ਭਗਤ ਹੈ।
46388	1081	ਹੁਕਮੇ ਹੋਛਾ ਹੁਕਮੇ ਦਾਨਾ ਦੂਜਾ ਨਾਹੀ ਅਵਰੁ ਧੜਾ॥੭॥		Hukamae Hoshhaa Hukamae Dhaanaa Dhoojaa Naahee Avar Dhharraa ||7||	By His Hukam, one is shallow, and by His Hukam, one is wise. There is no other side except His. ||7||	ਹੇ ਪ੍ਰਭੂ! ਤੇਰੇ ਹੀ ਹੁਕਮ ਵਿਚ ਕੋਈ ਕਾਹਲੇ ਸੁਭਾਉ ਵਾਲਾ ਹੈ ਤੇ ਕੋਈ ਗੰਭੀਰ ਸੁਭਾਉ ਵਾਲਾ ਹੈ। ਤੇਰੇ ਟਾਕਰੇ ਤੇ ਹੋਰ ਕੋਈ ਧੜਾ ਹੈ ਹੀ ਨਹੀਂ ॥੭॥
46389	1081	ਸਾਗਰੁ ਕੀਨਾ ਅਤਿ ਤੁਮ ਭਾਰਾ॥	ਖੜੇ	Saagar Keenaa Ath Thum Bhaaraa ||	You made the ocean vast and huge.	ਹੇ ਪ੍ਰਭੂ! ਇਹ ਬੇਅੰਤ ਵੱਡਾ ਸੰਸਾਰ-ਸਮੁੰਦਰ ਤੂੰ ਆਪ ਹੀ ਬਣਾਇਆ ਹੈ।

46390	1081	ਇਕਿ ਖੜੇ ਰਸਾਤਲਿ ਕਰਿ ਮਨਮੁਖ ਗਾਵਾਰਾ॥		Eik Kharrae Rasaathal Kar Manamukh Gaavaaraa ||	You made some into foolish self-willed manmukhs, and dragged them into hell.	(ਇਥੇ) ਕਈ ਜੀਵਾਂ ਨੂੰ ਮਨ ਦੇ ਮੁਰੀਦ-ਮੂਰਖ ਬਣਾ ਕੇ ਤੂੰ ਆਪ ਹੀ ਨਰਕ ਵਿਚ ਪਾਂਦਾ ਹੈਂ।
46391	1081	ਇਕਨਾ ਪਾਰਿ ਲੰਘਾਵਹਿ ਆਪੇ ਸਤਿਗੁਰੁ ਜਿਨ ਕਾ ਸਚੁ ਬੇੜਾ॥੮॥		Eikanaa Paar Langhaavehi Aapae Sathigur Jin Kaa Sach Baerraa ||8||	Some are carried across, in the ship of Truth of the True Guru. ||8||	ਕਈ ਜੀਵਾਂ ਨੂੰ ਤੂੰ ਆਪ ਹੀ (ਇਸ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈਂ। ਜਿਨ੍ਹਾਂ ਵਾਸਤੇ ਤੂੰ ਗੁਰੂ ਨੂੰ ਸਦਾ ਕਾਇਮ ਰਹਿਣ ਵਾਲਾ ਜਹਾਜ਼ ਬਣਾ ਦੇਂਦਾ ਹੈਂ ॥੮॥
46392	1081	ਕਉਤਕੁ ਕਾਲੁ ਇਹੁ ਹੁਕਮਿ ਪਠਾਇਆ॥		Kouthak Kaal Eihu Hukam Pathaaeiaa ||	You issue Your Command for this amazing thing, death.	ਇਹ ਕਾਲ (ਮੌਤ, ਜੋ ਪ੍ਰਭੂ ਦਾ ਬਣਾਇਆ ਇਕ) ਖਿਡੌਣਾ (ਹੀ ਹੈ, ਉਸ ਨੇ ਆਪਣੇ) ਹੁਕਮ ਅਨੁਸਾਰ (ਜਗਤ ਵਿਚ) ਭੇਜਿਆ ਹੈ।
46393	1081	ਜੀਅ ਜੰਤ ਓਪਾਇ ਸਮਾਇਆ॥		Jeea Janth Oupaae Samaaeiaa ||	You create all beings and creatures, and absorb them back into Yourself.	(ਪ੍ਰਭੂ ਆਪ ਹੀ) ਸਾਰੇ ਜੀਵਾਂ ਨੂੰ ਪੈਦਾ ਕਰ ਕੇ ਮੁਕਾ ਦੇਂਦਾ ਹੈ।
46394	1081	ਵੇਖੈ ਵਿਗਸੈ ਸਭਿ ਰੰਗ ਮਾਣੇ ਰਚਨੁ ਕੀਨਾ ਇਕੁ ਆਖਾੜਾ॥੯॥		Vaekhai Vigasai Sabh Rang Maanae Rachan Keenaa Eik Aakhaarraa ||9||	You gaze in delight upon the one arena of the world, and enjoy all the pleasures. ||9||	(ਪ੍ਰਭੂ ਆਪ ਹੀ ਇਸ ਤਮਾਸ਼ੇ ਨੂੰ) ਵੇਖ ਰਿਹਾ ਹੈ (ਤੇ ਵੇਖ ਵੇਖ ਕੇ) ਖ਼ੁਸ਼ ਹੋ ਰਿਹਾ ਹੈ, (ਸਭ ਜੀਵਾਂ ਵਿਚ ਵਿਆਪਕ ਹੋ ਕੇ ਆਪ ਹੀ) ਸਾਰੇ ਰੰਗ ਮਾਣ ਰਿਹਾ ਹੈ। ਇਸ ਜਗਤ-ਰਚਨਾ ਨੂੰ ਉਸ ਨੇ ਇਕ ਅਖਾੜਾ ਬਣਾਇਆ ਹੋਇਆ ਹੈ ॥੯॥

46395	1081	ਵਡਾ ਸਾਹਿਬੁ ਵਡੀ ਨਾਈ॥		Vaddaa Saahib Vaddee Naaee ||	Great is the Lord and Master, and Great is His Name.	ਉਹ ਮਾਲਕ-ਪ੍ਰਭੂ (ਬਹੁਤ) ਵੱਡਾ ਹੈ, ਉਸ ਦੀ ਵਡਿਆਈ (ਭੀ ਬਹੁਤ) ਵੱਡੀ ਹੈ,
46396	1081	ਵਡ ਦਾਤਾਰੁ ਵਡੀ ਜਿਸੁ ਜਾਈ॥		Vadd Dhaathaar Vaddee Jis Jaaee ||	He is the Great Giver; Great is His place.	ਉਹ ਬੜਾ ਵੱਡਾ ਦਾਤਾ ਹੈ, ਉਸ ਦੀ ਥਾਂ (ਜਿਥੇ ਉਹ ਰਹਿੰਦਾ ਹੈ ਬਹੁਤ) ਵੱਡੀ ਹੈ।
46397	1081	ਅਗਮ ਅਗੋਚਰੁ ਬੇਅੰਤ ਅਤੋਲਾ ਹੈ ਨਾਹੀ ਕਿਛੁ ਆਹਾੜਾ॥੧੦॥		Agam Agochar Baeanth Atholaa Hai Naahee Kishh Aahaarraa ||10||	He is inaccessible and unfathomable, infinite and unweighable. He cannot be measureed. ||10||	ਉਹ ਅਪਹੁੰਚ ਹੈ, ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਬੇਅੰਤ ਹੈ, ਤੋਲਿਆ ਨਹੀਂ ਜਾ ਸਕਦਾ। ਉਸ ਦੇ ਤੋਲਣ ਲਈ ਕੋਈ ਭੀ ਮਾਪ-ਤੋਲ ਨਹੀਂ ਹੈ ॥੧੦॥
46398	1081	ਕੀਮਤਿ ਕੋਇ ਨ ਜਾਣੈ ਦੂਜਾ॥		Keemath Koe N Jaanai Dhoojaa ||	No one else knows His value.	ਹੋਰ ਕੋਈ ਭੀ ਜੀਵ ਉਸ ਦਾ ਮੁੱਲ ਨਹੀਂ ਪਾ ਸਕਦਾ,
46399	1081	ਆਪੇ ਆਪਿ ਨਿਰੰਜਨ ਪੂਜਾ॥		Aapae Aap Niranjan Poojaa ||	Only You Yourself, O Immaculate Lord, are equal to Yourself.	ਉਹ ਨਿਰਲੇਪ ਪ੍ਰਭੂ ਆਪਣੇ ਬਰਾਬਰ ਦਾ ਆਪ ਹੀ ਹੈ।
46400	1081	ਆਪਿ ਸੁਗਿਆਨੀ ਆਪਿ ਧਿਆਨੀ ਆਪਿ ਸਤਵੰਤਾ ਅਤਿ ਗਾੜਾ॥੧੧॥	ਅਤਿ: ਪੋਲਾ ਬੋਲੋ। ਗਾੜ੍ਹਾ	Aap S Giaanee Aap Dhhiaanee Aap Sathavanthaa Ath Gaarraa ||11||	You Yourself are the spiritual teacher, You Yourself are the One who meditates. You Yourself are the great and immense Being of Truth. ||11||	ਉਹ ਆਪ ਹੀ ਆਪਣੇ ਆਪ ਨੂੰ ਜਾਣਨ ਵਾਲਾ ਹੈ, ਆਪ ਹੀ ਆਪਣੇ ਆਪ ਵਿਚ ਸਮਾਧੀ ਲਾਣ ਵਾਲਾ ਹੈ। ਉਹ ਬਹੁਤ ਹੀ ਉੱਚੇ ਆਚਰਨ ਵਾਲਾ ਹੈ ॥੧੧॥
46401	1081	ਕੇਤੜਿਆ ਦਿਨ ਗੁਪਤੁ ਕਹਾਇਆ॥		Kaetharriaa Dhin Gupath Kehaaeiaa ||	For so many days, You remained invisible.	(ਹੁਣ ਜਗਤ ਬਣਨ ਤੇ ਸਿਆਣੇ) ਆਖਦੇ ਹਨ ਕਿ ਬੇਅੰਤ ਸਮਾ ਉਹ ਗੁਪਤ ਹੀ ਰਿਹਾ,

46402	1081	ਕੇਤੜਿਆ ਦਿਨ ਸੁੰਨਿ ਸਮਾਇਆ॥		Kaetharriaa Dhin Sunn Samaaeiaa ||	For so many days, You were absorbed in silent absorption.	ਬੇਅੰਤ ਸਮਾ ਉਹ ਅਫੁਰ ਅਵਸਥਾ ਵਿਚ ਟਿਕਿਆ ਰਿਹਾ।
46403	1081	ਕੇਤੜਿਆ ਦਿਨ ਧੁੰਧੂਕਾਰਾ ਆਪੇ ਕਰਤਾ ਪਰਗਟੜਾ॥੧੨॥		Kaetharriaa Dhin Dhhundhhookaara a Aapae Karathaa Paragattarraa ||12||	For so many days, there was only pitch darkness, and then the Creator revealed Himself. ||12||	ਬੇਅੰਤ ਸਮਾ ਇਕ ਐਸੀ ਅਵਸਥਾ ਬਣੀ ਰਹੀ ਜੋ ਜੀਵਾਂ ਦੀ ਸਮਝ ਤੋਂ ਪਰੇ ਹੈ। ਫਿਰ ਉਸ ਨੇ ਆਪ ਹੀ ਆਪਣੇ ਆਪ ਨੂੰ (ਜਗਤ-ਰੂਪ ਵਿਚ) ਪਰਗਟ ਕਰ ਲਿਆ ॥੧੨॥
46404	1081	ਆਪੇ ਸਕਤੀ ਸਬਲੁ ਕਹਾਇਆ॥		Aapae Sakathee Sabal Kehaaeiaa ||	You Yourself are called the God of Supreme Power.	ਬਲਵਾਨ ਪਰਮਾਤਮਾ ਆਪ ਹੀ (ਆਪਣੇ ਆਪ ਨੂੰ) ਮਾਇਆ ਅਖਵਾ ਰਿਹਾ ਹੈ।
46405	1082	ਆਪੇ ਸੂਰਾ ਅਮਰੁ ਚਲਾਇਆ॥		Aapae Sooraa Amar Chalaaeiaa ||	You Yourself are the hero, exerting Your regal power.	ਉਹ ਸੂਰਮਾ ਪ੍ਰਭੂ ਆਪ ਹੀ (ਸਾਰੇ ਜਗਤ ਵਿਚ) ਹੁਕਮ ਚਲਾ ਰਿਹਾ ਹੈ।
46406	1082	ਆਪੇ ਸਿਵ ਵਰਤਾਈਅਨੁ ਅੰਤਰਿ ਆਪੇ ਸੀਤਲੁ ਠਾਰੁ ਗੜਾ॥੧੩॥	(ਗੜਾ) ਠੰਢੇ ਠਾਰ ਗੜੇ। ਗੜਾ: ੜ ਹਲੰਤ ਨਹੀਂ ਲਾਉਣਾ	Aapae Siv Varathaaeean Anthar Aapae Seethal Thaar Garraa ||13||	You Yourself spread peace within; You are cool and icy calm. ||13||	(ਸਭ ਜੀਵਾਂ ਦੇ) ਅੰਦਰ ਉਸਨੇ ਆਪ ਹੀ ਸੁਖ-ਸ਼ਾਂਤੀ ਵਰਤਾਈ ਹੋਈ ਹੈ, (ਕਿਉਂਕਿ) ਉਹ ਆਪ ਹੀ ਗੜੇ ਵਰਗਾ ਸੀਤਲ ਠੰਢਾ-ਠਾਰ ਹੈ ॥੧੩॥
46407	1082	ਜਿਸਹਿ ਨਿਵਾਜੇ ਗੁਰਮੁਖਿ ਸਾਜੇ॥		Jisehi Nivaajae Guramukh Saajae ||	One whom You bless and make Gurmukh	ਜਿਸ ਮਨੁੱਖ ਉਤੇ ਪਰਮਾਤਮਾ ਮਿਹਰ ਕਰਦਾ ਹੈ, ਉਸ ਨੂੰ ਗੁਰੂ ਦੀ ਸਰਨ ਪਾ ਕੇ ਉਸ ਦੀ ਨਵੀਂ ਆਤਮਕ ਘਾੜਤ ਘੜਦਾ ਹੈ।

46408	1082	ਨਾਮੁ ਵਸੈ ਤਿਸੁ ਅਨਹਦ ਵਾਜੇ॥		Naam Vasai This Anehadh Vaajae ||	The Naam abides within him, and the unstruck sound current vibrates for him.	ਉਸ (ਮਨੁੱਖ) ਦੇ ਅੰਦਰ ਪਰਮਾਤਮਾ ਦਾ ਨਾਮ ਆ ਵੱਸਦਾ ਹੈ (ਮਾਨੋ) ਉਸ ਦੇ ਅੰਦਰ ਇਕ-ਰਸ ਵਾਜੇ (ਵੱਜ ਪੈਂਦੇ ਹਨ)।
46409	1082	ਤਿਸ ਹੀ ਸੁਖੁ ਤਿਸ ਹੀ ਠਕੁਰਾਈ ਤਿਸਹਿ ਨ ਆਵੈ ਜਮੁ ਨੇੜਾ॥੧੪॥		This Hee Sukh This Hee Thakuraaee Thisehi N Aavai Jam Naerraa ||14||	He is peaceful, and he is the master of all; the Messenger of Death does not even approach him. ||14||	ਉਸੇ ਮਨੁੱਖ ਨੂੰ (ਸਦਾ) ਆਤਮਕ ਆਨੰਦ ਪ੍ਰਾਪਤ ਰਹਿੰਦਾ ਹੈ, ਉਸੇ ਨੂੰ (ਲੋਕ ਪਰਲੋਕ ਵਿਚ) ਆਤਮਕ ਉੱਚਤਾ ਮਿਲ ਜਾਂਦੀ ਹੈ। ਜਮਰਾਜ ਉਸ ਦੇ ਨੇੜੇ ਨਹੀਂ ਢੁਕਦਾ (ਮੌਤ ਦਾ ਡਰ, ਆਤਮਕ ਮੌਤ ਉਸ ਉਤੇ ਅਸਰ ਨਹੀਂ ਪਾ ਸਕਦੀ) ॥੧੪॥
46410	1082	ਕੀਮਤਿ ਕਾਗਦ ਕਹੀ ਨ ਜਾਈ॥		Keemath Kaagadh Kehee N Jaaee ||	His value cannot be described on paper.	ਕਾਗ਼ਜ਼ਾਂ ਉਤੇ (ਲਿਖ ਕੇ) ਉਸ ਪਰਮਾਤਮਾ ਦਾ ਮੁੱਲ ਨਹੀਂ ਪਾਇਆ ਜਾ ਸਕਦਾ।
46411	1082	ਕਹੁ ਨਾਨਕ ਬੇਅੰਤ ਗੁਸਾਈ॥		Kahu Naanak Baeanth Gusaaee ||	Says Nanak, the Lord of the world is infinite.	ਨਾਨਕ ਆਖਦਾ ਹੈ- ਸ੍ਰਿਸ਼ਟੀ ਦਾ ਮਾਲਕ-ਪ੍ਰਭੂ ਬੇਅੰਤ ਹੈ।
46412	1082	ਆਦਿ ਮਧਿ ਅੰਤਿ ਪ੍ਰਭੁ ਸੋਈ ਹਾਥਿ ਤਿਸੈ ਕੈ ਨੇਬੇੜਾ॥੧੫॥		Aadh Madhh Anth Prabh Soee Haathh Thisai Kai Naebaerraa ||15||	In the beginning, in the middle and in the end, God exists. Judgement is in His Hands alone. ||15||	ਜਗਤ ਦੇ ਸ਼ੁਰੂ ਵਿਚ, ਹੁਣ ਅੰਤ ਵਿਚ ਭੀ ਉਹੀ ਕਾਇਮ ਰਹਿਣ ਵਾਲਾ ਹੈ। ਜੀਵਾਂ ਦੇ ਕਰਮਾਂ ਦਾ ਫ਼ੈਸਲਾ ਉਸੇ ਦੇ ਹੱਥ ਵਿਚ ਹੈ ॥੧੫॥

46413	1082	ਤਿਸਹਿ ਸਰੀਕੁ ਨਾਹੀ ਰੇ ਕੋਈ॥		Thisehi Sareek Naahee Rae Koee ||	No one is equal to Him.	ਹੇ ਭਾਈ! ਕੋਈ ਭੀ ਜੀਵ ਉਸ (ਪਰਮਾਤਮਾ) ਦੇ ਬਰਾਬਰ ਦਾ ਨਹੀਂ ਹੈ।
46414	1082	ਕਿਸ ਹੀ ਬੁਤੈ ਜਬਾਬੁ ਨ ਹੋਈ॥	(ਬੁਤੈ) ਪਾਸੋਂ, ਬਹਾਨੇ ਕਰਕੇ। ਬੁਤੈ: ਪੋਲਾ ਬੋਲੋ	Kis Hee Buthai Jabaab N Hoee ||	No one can stand up against Him by any means.	ਉਸ ਦੇ ਕਿਸੇ ਭੀ ਕੰਮ ਵਿਚ ਕਿਸੇ ਪਾਸੋਂ ਇਨਕਾਰ ਨਹੀਂ ਹੋ ਸਕਦਾ।
46415	1082	ਨਾਨਕ ਕਾ ਪ੍ਰਭੁ ਆਪੇ ਆਪੇ ਕਰਿ ਕਰਿ ਵੇਖੈ ਚੋਜ ਖੜਾ॥੧੬॥੧॥੧੦॥	ਨੇੜੇ (ਖੜ੍ਹਾ) ਖੜ੍ਹੇ	Naanak Kaa Prabh Aapae Aapae Kar Kar Vaekhai Choj Kharraa ||16||1||10||	Nanak's God is Himself all-in-all. He creates and stages and watches His wondrous plays. ||16||1||10||	ਨਾਨਕ ਦਾ ਪ੍ਰਭੂ (ਹਰ ਥਾਂ) ਆਪ ਹੀ ਆਪ ਹੈ। ਉਹ ਆਪ ਹੀ ਤਮਾਸ਼ੇ ਕਰ ਕਰ ਕੇ ਖੜਾ ਆਪ ਹੀ ਵੇਖ ਰਿਹਾ ਹੈ ॥੧੬॥੧॥੧੦॥
46416	1082	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
46417	1082	ਅਚੁਤ ਪਾਰਬ੍ਰਹਮ ਪਰਮੇਸੁਰ ਅੰਤਰਜਾਮੀ॥	ਅ-ਚੁੱਤ	Achuth Paarabreham Paramaesur Antharajaamee ||	The Supreme Lord God is imperishable, the Transcendent Lord, the Inner-knower, the Searcher of hearts.	ਹੇ ਕਰਤਾਰ! ਤੂੰ ਅਬਿਨਾਸੀ ਹੈਂ, ਤੂੰ ਪਾਰਬ੍ਰਹਮ ਹੈਂ, ਤੂੰ ਪਰਮੇਸੁਰ ਹੈਂ, ਤੂੰ ਅੰਤਰਜਾਮੀ ਹੈਂ।
46418	1082	ਮਧੁਸੂਦਨ ਦਾਮੋਦਰ ਸੁਆਮੀ॥		Madhhusoodhan Dhaamodhar Suaamee ||	He is the Slayer of demons, our Supreme Lord and Master.	ਹੇ ਸੁਆਮੀ! ਮਧੁਸੂਦਨ ਤੇ ਦਾਮੋਦਰ ਭੀ ਤੂੰ ਹੀ ਹੈਂ।

46419	1082	ਰਿਖੀਕੇਸ ਗੋਵਰਧਨ ਧਾਰੀ ਮੁਰਲੀ ਮਨੋਹਰ ਹਰਿ ਰੰਗਾ॥੧॥	ਗੋ-ਵਰਧਨ	Rikheekaes Govaradhhan Dhhaaree Muralee Manohar Har Rangaa ||1||	The Supreme Rishi, the Master of the sensory organs, the uplifter of mountains, the joyful Lord playing His enticing flute. ||1||	ਹੇ ਹਰੀ! ਤੂੰ ਹੀ ਰਿਖੀਕੇਸ਼ ਗੋਵਰਧਨਧਾਰੀ ਤੇ ਮਨੋਹਰ ਮੁਰਲੀ ਵਾਲਾ ਹੈਂ। ਤੂੰ ਅਨੇਕਾਂ ਰੰਗ-ਤਮਾਸ਼ੇ ਕਰ ਰਿਹਾ ਹੈਂ ॥੧॥
46420	1082	ਮੋਹਨ ਮਾਧਵ ਕ੍ਰਿਸ੍ਨ ਮੁਰਾਰੇ॥	ੰ ਅੱਧਾ ਨਨਾ: ਪੋਲਾ ਬੋਲੋ	Mohan Maadhhav Kirasa Muraarae ||	The Enticer of Hearts, the Lord of wealth, Krishna, the Enemy of ego.	(ਹੇ ਹਰੀ!) ਮੋਹਨ, ਮਾਧਵ, ਕ੍ਰਿਸ਼ਨ, ਮੁਰਾਰੀ ਤੂੰ ਹੀ ਹੈਂ।
46421	1082	ਜਗਦੀਸੁਰ ਹਰਿ ਜੀਉ ਅਸੁਰ ਸੰਘਾਰੇ॥	ਅ-ਸੁਰ	Jagadheesur Har Jeeo Asur Sanghaarae ||	The Lord of the Universe, the Dear Lord, the Destroyer of demons.	ਹੇ ਹਰੀ ਜੀਉ! ਤੂੰ ਹੀ ਹੈਂ ਜਗਤ ਦਾ ਮਾਲਕ, ਤੂੰ ਹੀ ਹੈਂ ਦੈਂਤਾਂ ਦਾ ਨਾਸ ਕਰਨ ਵਾਲਾ।
46422	1082	ਜਗਜੀਵਨ ਅਬਿਨਾਸੀ ਠਾਕੁਰ ਘਟ ਘਟ ਵਾਸੀ ਹੈ ਸੰਗਾ॥੨॥	ਜੱਗਜੀਵਨ	Jagajeevan Abinaasee Thaakur Ghatt Ghatt Vaasee Hai Sangaa ||2||	The Life of the World, our eternal and ever-stable Lord and Master dwells within each and every heart, and is always with us. ||2||	ਹੇ ਜਗਜੀਵਨ! ਹੇ ਅਬਿਨਾਸੀ ਠਾਕੁਰ! ਤੂੰ ਸਭ ਸਰੀਰਾਂ ਵਿਚ ਮੌਜੂਦ ਹੈਂ, ਤੂੰ ਸਭਨਾਂ ਦੇ ਨਾਲ ਵੱਸਦਾ ਹੈਂ ॥੨॥
46423	1082	ਧਰਣੀਧਰ ਈਸ ਨਰਸਿੰਘ ਨਾਰਾਇਣ॥		Dhharaneedhhar Ees Narasingh Naaraaein ||	The Support of the Earth, the man-lion, the Supreme Lord God.	ਹੇ ਧਰਤੀ ਦੇ ਆਸਰੇ! ਹੇ ਈਸ਼੍ਵਰ! ਤੂੰ ਹੀ ਹੈਂ ਨਰਸਿੰਘ ਅਵਤਾਰ, ਤੂੰ ਹੀ ਹੈਂ ਵਿਸ਼ਨੂ ਜਿਸ ਦਾ ਨਿਵਾਸ ਸਮੁੰਦਰ ਵਿਚ ਹੈ।

46424	1082	ਦਾੜਾ ਅਗ੍ਰੇ ਪ੍ਰਿਥਮਿ ਧਰਾਇਣ॥	ਦਾੜ੍ਹਾਂ ਅੱਗ੍ਰੇ	Dhaarraa Agrae Prithham Dhharaaein ||	The Protector who tears apart demons with His teeth, the Upholder of the earth.	(ਵਰਾਹ ਅਵਤਾਰ ਧਾਰ ਕੇ) ਧਰਤੀ ਨੂੰ ਆਪਣੀਆਂ ਦਾੜ੍ਹਾਂ ਉੱਤੇ ਚੁੱਕਣ ਵਾਲਾ ਭੀ ਤੂੰ ਹੀ ਹੈਂ।
46425	1082	ਬਾਵਨ ਰੂਪੁ ਕੀਆ ਤੁਧੁ ਕਰਤੇ ਸਭ ਹੀ ਸੇਤੀ ਹੈ ਚੰਗਾ॥੩॥		Baavan Roop Keeaa Thudhh Karathae Sabh Hee Saethee Hai Changaa ||3||	O Creator, You assumed the form of the pygmy to humble the demons; You are the Lord God of all. ||3||	ਹੇ ਕਰਤਾਰ! (ਰਾਜਾ ਬਲ ਨੂੰ ਛਲਣ ਲਈ) ਤੂੰ ਹੀ ਵਾਮਨ-ਰੂਪ ਧਾਰਿਆ ਸੀ। ਤੂੰ ਸਭ ਜੀਵਾਂ ਦੇ ਨਾਲ ਵੱਸਦਾ ਹੈਂ, (ਫਿਰ ਭੀ ਤੂੰ ਸਭ ਤੋਂ) ਉੱਤਮ ਹੈਂ ॥੩॥
46426	1082	ਸ੍ਰੀ ਰਾਮਚੰਦ ਜਿਸੁ ਰੂਪੁ ਨ ਰੇਖਿਆ॥		Sree Raamachandh Jis Roop N Raekhiaa ||	You are the Great Raam Chand, who has no form or feature.	ਹੇ ਪ੍ਰਭੂ! ਤੂੰ ਉਹ ਸ੍ਰੀ ਰਾਮਚੰਦਰ ਹੈਂ ਜਿਸ ਦਾ ਨਾਹ ਕੋਈ ਰੂਪ ਹੈ ਨਾਹ ਰੇਖ।
46427	1082	ਬਨਵਾਲੀ ਚਕ੍ਰਪਾਣਿ ਦਰਸਿ ਅਨੂਪਿਆ॥	ਚੱਕ੍ਰ-ਪਾਣਿ	Banavaalee Chakrapaan Dharas Anoopiaa ||	Adorned with flowers, holding the chakra in Your hand, Your form is incomparably beautiful.	ਤੂੰ ਹੀ ਹੈਂ ਬਨਵਾਲੀ ਤੇ ਸੁਦਰਸ਼ਨ-ਚੱਕ੍ਰ-ਧਾਰੀ। ਤੂੰ ਬੇ-ਮਿਸਾਲ ਸਰੂਪ ਵਾਲਾ ਹੈਂ।
46428	1082	ਸਹਸ ਨੇਤ੍ਰ ਮੂਰਤਿ ਹੈ ਸਹਸਾ ਇਕੁ ਦਾਤਾ ਸਭ ਹੈ ਮੰਗਾ॥੪॥		Sehas Naethr Moorath Hai Sehasaa Eik Dhaathaa Sabh Hai Mangaa ||4||	You have thousands of eyes, and thousands of forms. You alone are the Giver, and all are beggars of You. ||4||	ਤੇਰੇ ਹਜ਼ਾਰਾਂ ਨੇਤਰ ਹਨ, ਤੇਰੀਆਂ ਹਜ਼ਾਰਾਂ ਮੂਰਤੀਆਂ ਹਨ। ਤੂੰ ਹੀ ਇਕੱਲਾ ਦਾਤਾ ਹੈਂ, ਸਾਰੀ ਦੁਨੀਆ ਤੈਥੋਂ ਮੰਗਣ ਵਾਲੀ ਹੈ ॥੪॥

46429	1082	ਭਗਤਿ ਵਛਲੁ ਅਨਾਥਹ ਨਾਥੇ॥		Bhagath Vashhal Anaathheh Naathhae ||	You are the Lover of Your devotees, the Master of the masterless.	ਹੇ ਅਨਾਥਾਂ ਦੇ ਨਾਥ! ਤੂੰ ਭਗਤੀ ਨੂੰ ਪਿਆਰ ਕਰਨ ਵਾਲਾ ਹੈਂ।
46430	1082	ਗੋਪੀ ਨਾਥੁ ਸਗਲ ਹੈ ਸਾਥੇ॥		Gopee Naathh Sagal Hai Saathhae ||	The Lord and Master of the milk-maids, You are the companion of all.	ਤੂੰ ਹੀ ਗੋਪੀਆਂ ਦਾ ਨਾਥ ਹੈਂ। ਤੂੰ ਸਭ ਜੀਵਾਂ ਦੇ ਨਾਲ ਰਹਿਣ ਵਾਲਾ ਹੈਂ।
46431	1082	ਬਾਸੁਦੇਵ ਨਿਰੰਜਨ ਦਾਤੇ ਬਰਨਿ ਨ ਸਾਕਉ ਗੁਣ ਅੰਗਾ॥੫॥		Baasudhaev Niranjan Dhaathae Baran N Saako Gun Angaa ||5||	O Lord, Immacuate Great Giver, I cannot describe even an iota of Your Glorious Virtues. ||5||	ਹੇ ਵਾਸੁਦੇਵ! ਹੇ ਨਿਰਲੇਪ ਦਾਤਾਰ! ਮੈਂ ਤੇਰੇ ਅਨੇਕਾਂ ਗੁਣ ਬਿਆਨ ਨਹੀਂ ਕਰ ਸਕਦਾ ॥੫॥
46432	1082	ਮੁਕੰਦ ਮਨੋਹਰ ਲਖਮੀ ਨਾਰਾਇਣ॥		Mukandh Manohar Lakhamee Naaraaein ||	Liberator, Enticing Lord, Lord of Lakshmi, Supreme Lord God.	ਹੇ ਮੁਕਤੀ ਦਾਤੇ! ਹੇ ਸੋਹਣੇ ਪ੍ਰਭੂ! ਹੇ ਲੱਛਮੀ ਦੇ ਪਤੀ ਨਾਰਾਇਣ!
46433	1082	ਦ੍ਰੋਪਤੀ ਲਜਾ ਨਿਵਾਰਿ ਉਧਾਰਣ॥	ਹੰਕਾਰੀ ਦੁਰਜੋਧਨ ਆਦਿ ਦ੍ਰੋਪਤੀ ਜੀ ਦੀ ਲੱਜਾ (ਨਿਵਾਰਿ) ਨਿਵਿਰਤ ਕਰ ਰਹੇ ਸਨ, ਨਗਨ ਹੋਣ ਤੋਂ ਬਚਾਅ ਕੇ, ਲੱਜਾ ਨਿਵਿਰਤ ਕਰਕੇ ਉਧਾਰਣ ਵਾਲੇ ਹੋਂ ਜੀ	Dhropathee Lajaa Nivaar Oudhhaaran ||	Savior of Dropadi's honor.	ਹੇ ਦ੍ਰੋਪਤੀ ਨੂੰ ਬੇਪਤੀ ਤੋਂ ਬਚਾ ਕੇ ਉਸ ਦੀ ਇੱਜ਼ਤ ਰੱਖਣ ਵਾਲੇ!

46434	1082	ਕਮਲਾ ਕੰਤ ਕਰਹਿ ਕੰਤੂਹਲ ਅਨਦ ਬਿਨੋਦੀ ਨਿਹਸੰਗਾ॥੬॥	(ਕੰਤੂਹਲ) ਉਤਸ਼ਾਹ। (ਨਿਹ-ਸੰਗਾ) ਅਸੰਗ	Kamalaakanth Karehi Kanthoohal Anadh Binodhee Nihasangaa ||6||	Lord of Maya, miracle-worker, absorbed in delightful play, unattached. ||6||	ਹੇ ਲੱਛਮੀ ਦੇ ਪਤੀ! ਤੂੰ ਅਨੇਕਾਂ ਕੌਤਕ ਕਰਦਾ ਹੈਂ। ਤੂੰ ਸਾਰੇ ਆਨੰਦ ਮਾਣਨ ਵਾਲਾ ਹੈਂ, ਤੇ ਨਿਰਲੇਪ ਭੀ ਹੈਂ ॥੬॥
46435	1082	ਅਮੋਘ ਦਰਸਨ ਆਜੂਨੀ ਸੰਭਉ॥		Amogh Dharasan Aajoonee Sanbho ||	The Blessed Vision of His Darshan is fruitful and rewarding; He is not born, He is self-existent.	ਹੇ ਫਲ ਦੇਣ ਤੋਂ ਕਦੇ ਨਾਹ ਉੱਕਣ ਵਾਲੇ ਦਰਸਨ ਵਾਲੇ ਪ੍ਰਭੂ! ਹੇ ਜੂਨਾਂ-ਰਹਿਤ ਪ੍ਰਭੂ! ਹੇ ਆਪਣੇ ਆਪ ਤੋਂ ਪਰਕਾਸ਼ ਕਰਨ ਵਾਲੇ ਪ੍ਰਭੂ!
46436	1082	ਅਕਾਲ ਮੂਰਤਿ ਜਿਸੁ ਕਦੇ ਨਾਹੀ ਖਉ॥		Akaal Moorath Jis Kadhae Naahee Kho ||	His form is undying; it is never destroyed.	ਹੇ ਮੌਤ-ਰਹਿਤ ਸਰੂਪ ਵਾਲੇ! ਹੇ (ਅਜਿਹੇ) ਪ੍ਰਭੂ ਜਿਸ ਦਾ ਕਦੇ ਨਾਸ ਨਹੀਂ ਹੋ ਸਕਦਾ!
46437	1082	ਅਬਿਨਾਸੀ ਅਬਿਗਤ ਅਗੋਚਰ ਸਭੁ ਕਿਛੁ ਤੁਝ ਹੀ ਹੈ ਲਗਾ॥੭॥		Abinaasee Abigath Agochar Sabh Kishh Thujh Hee Hai Lagaa ||7||	O imperishable, eternal, unfathomable Lord, everything is attached to You. ||7||	ਹੇ ਅਬਿਨਾਸੀ! ਹੇ ਅਦ੍ਰਿਸ਼ਟ! ਹੇ ਅਗੋਚਰ! (ਜਗਤ ਦੀ) ਹਰੇਕ ਸ਼ੈ ਤੇਰੇ ਹੀ ਆਸਰੇ ਹੈ ॥੭॥
46438	1082	ਸ੍ਰੀਰੰਗ ਬੈਕੁੰਠ ਕੇ ਵਾਸੀ॥		Sreerang Baikunth Kae Vaasee ||	The Lover of greatness, who dwells in heaven.	ਹੇ ਲੱਛਮੀ ਦੇ ਪਤੀ! ਹੇ ਬੈਕੁੰਠ ਦੇ ਰਹਿਣ ਵਾਲੇ!

46439	1082	ਮਛੁ ਕਛੁ ਕੂਰਮੁ ਆਗਿਆ ਅਉਤਰਾਸੀ॥	(ਮੱਛੁ) ਅਵਤਾਰ। ਸਮੁੰਦ੍ਰ ਰਿੜਕਣ ਵੇਲੇ ਮੰਧਿਆਚਲ ਪਹਾੜ ਹੇਠ ਕੰਡ ਦੇਣ ਵਾਲੇ ਕੂਰਮੁ ਕੱਛੁ ਅਵਤਾਰ	Mashh Kashh Kooram Aagiaa Aoutharaasee ||	By the Pleasure of His Will, He took incarnation as the great fish and the tortoise.	ਮੱਛ ਤੇ ਕੱਛੂਕੁੰਮਾ (ਆਦਿਕ) ਤੇਰੀ ਹੀ ਆਗਿਆ ਵਿਚ ਅਵਤਾਰ ਹੋਇਆ।
46440	1082	ਕੇਸਵ ਚਲਤ ਕਰਹਿ ਨਿਰਾਲੇ ਕੀਤਾ ਲੋੜਹਿ ਸੋ ਹੋਇਗਾ॥੮॥		Kaesav Chalath Karehi Niraalae Keethaa Lorrehi So Hoeigaa ||8||	The Lord of beauteous hair, the Worker of miraculous deeds, whatever He wishes, comes to pass. ||8||	ਹੇ ਸੋਹਣੇ ਲੰਮੇ ਕੇਸਾਂ ਵਾਲੇ! ਤੂੰ (ਸਦਾ) ਅਨੋਖੇ ਕੌਤਕ ਕਰਦਾ ਹੈਂ। ਜੋ ਕੁਝ ਤੂੰ ਕਰਨਾ ਚਾਹੁੰਦਾ ਹੈਂ ਜ਼ਰੂਰ ਉਹੀ ਹੁੰਦਾ ਹੈ ॥੮॥
46441	1082	ਨਿਰਾਹਾਰੀ ਨਿਰਵੈਰੁ ਸਮਾਇਆ॥		Niraahaaree Niravair Samaaeiaa ||	He is beyond need of any sustenance, free of hate and all-pervading.	ਹੇ ਪ੍ਰਭੂ! ਤੂੰ ਅੰਨ ਖਾਣ ਤੋਂ ਬਿਨਾ ਜੀਉਂਦਾ ਰਹਿਣ ਵਾਲਾ ਹੈਂ, ਤੇਰਾ ਕਿਸੇ ਨਾਲ ਵੈਰ ਨਹੀਂ, ਤੂੰ ਸਭ ਵਿਚ ਵਿਆਪਕ ਹੈਂ।
46442	1082	ਧਾਰਿ ਖੇਲੁ ਚਤੁਰਭੁਜੁ ਕਹਾਇਆ॥		Dhhaar Khael Chathurabhuj Kehaaeiaa ||	He has staged His play; He is called the four-armed Lord.	ਇਹ ਜਗਤ-ਖੇਡ ਰਚ ਕੇ (ਤੂੰ ਹੀ ਆਪਣੇ ਆਪ ਨੂੰ) ਬ੍ਰਹਮਾ ਅਖਵਾਇਆ ਹੈ।
46443	1082	ਸਾਵਲ ਸੁੰਦਰ ਰੂਪ ਬਣਾਵਹਿ ਬੇਣੁ ਸੁਨਤ ਸਭ ਮੋਹੈਗਾ॥੯॥		Saaval Sundhar Roop Banaavehi Baen Sunath Sabh Mohaigaa ||9||	He assumed the beautiful form of the blue-skinned Krishna; hearing His flute, all are fascinated and enticed. ||9||	ਹੇ ਪ੍ਰਭੂ! (ਕ੍ਰਿਸ਼ਨ ਵਰਗੇ) ਅਨੇਕਾਂ ਸਾਂਵਲੇ ਸੋਹਣੇ ਰੂਪ ਤੂੰ ਬਣਾਂਦਾ ਰਹਿੰਦਾ ਹੈਂ। ਤੇਰੀ ਬੰਸਰੀ ਸੁਣਦਿਆਂ ਸਾਰੀ ਸ੍ਰਿਸ਼ਟੀ ਮੋਹੀ ਜਾਂਦੀ ਹੈ ॥੯॥

46444	1082	ਬਨਮਾਲਾ ਬਿਭੂਖਨ ਕਮਲ ਨੈਨ॥		Banamaalaa Bibhookhan Kamal Nain ||	He is adorned with garlands of flowers, with lotus eyes.	ਹੇ ਪ੍ਰਭੂ! ਸਾਰੀ ਸ੍ਰਿਸ਼ਟੀ ਦੀ ਬਨਸਪਤੀ ਤੇਰੇ ਗਹਿਣੇ ਹਨ। ਹੇ ਕੌਲ-ਫੁੱਲਾਂ ਵਰਗੀਆਂ ਅੱਖਾਂ ਵਾਲੇ!
46445	1082	ਸੁੰਦਰ ਕੁੰਡਲ ਮੁਕਟ ਬੈਨ॥		Sundhar Kunddal Mukatt Bain ||	His ear-rings, crown and flute are so beautiful.	ਹੇ ਸੋਹਣੇ ਕੁੰਡਲਾਂ ਵਾਲੇ! ਹੇ ਮੁਕਟ-ਧਾਰੀ! ਹੇ ਬੰਸਰੀ ਵਾਲੇ!
46446	1082	ਸੰਖ ਚਕ੍ਰ ਗਦਾ ਹੈ ਧਾਰੀ ਮਹਾ ਸਾਰਥੀ ਸਤਸੰਗਾ॥੧੦॥		Sankh Chakr Gadhaa Hai Dhhaaree Mehaa Saarathhee Sathasangaa ||10||	He carries the conch, the chakra and the war club; He is the Great Charioteer, who stays with His Saints. ||10||	ਹੇ ਸੰਖ-ਧਾਰੀ! ਹੇ ਚੱਕ੍ਰ-ਧਾਰੀ! ਹੇ ਗਦਾ-ਧਾਰੀ! ਤੂੰ ਸਤਸੰਗੀਆਂ ਦਾ ਸਭ ਤੋਂ ਵੱਡਾ ਰਥਵਾਹੀ (ਆਗੂ) ਹੈਂ ॥੧੦॥
46447	1082	ਪੀਤ ਪੀਤੰਬਰ ਤ੍ਰਿਭਵਣ ਧਣੀ॥		Peeth Peethanbar Thribhavan Dhhanee ||	The Lord of yellow robes, the Master of the three worlds.	ਹੇ ਪੀਲੇ ਬਸਤ੍ਰਾਂ ਵਾਲੇ! ਹੇ ਤਿੰਨਾਂ ਭਵਨਾਂ ਦੇ ਮਾਲਕ!
46448	1082	ਜਗੰਨਾਥੁ ਗੋਪਾਲੁ ਮੁਖਿ ਭਣੀ॥		Jagannaathh Gopaal Mukh Bhanee ||	The Lord of the Universe, the Lord of the world; with my mouth, I chant His Name.	ਤੂੰ ਹੀ ਸਾਰੇ ਜਗਤ ਦਾ ਨਾਥ ਹੈਂ, ਸ੍ਰਿਸ਼ਟੀ ਦਾ ਪਾਲਣਹਾਰ ਹੈਂ। ਮੈਂ (ਆਪਣੇ) ਮੂੰਹ ਨਾਲ (ਤੇਰੇ ਨਾਮ) ਉਚਾਰਦਾ ਹਾਂ।
46449	1082	ਸਾਰਿੰਗਧਰ ਭਗਵਾਨ ਬੀਠੁਲਾ ਮੈ ਗਣਤ ਨ ਆਵੈ ਸਰਬੰਗਾ॥੧੧॥		Saaringadhhar Bhagavaan Beethulaa Mai Ganath N Aavai Sarabangaa ||11||	The Archer who draws the bow, the Beloved Lord God; I cannot count all His limbs. ||11||	ਹੇ ਧਨੁਖ-ਧਾਰੀ! ਹੇ ਭਗਵਾਨ! ਹੇ ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲੇ! ਮੈਥੋਂ ਤੇਰੇ ਸਾਰੇ ਗੁਣ ਬਿਆਨ ਨਹੀਂ ਹੋ ਸਕਦੇ ॥੧੧॥

46450	1082	ਨਿਹਕੰਟਕੁ ਨਿਹਕੇਵਲੁ ਕਹੀਐ॥		Nihakanttak Nihakaeval Keheeai ||	He is said to be free of anguish, and absolutely immaculate.	ਪਰਮਾਤਮਾ ਦਾ ਕੋਈ ਵੈਰੀ ਨਹੀਂ ਹੈ, ਉਸ ਨੂੰ ਵਾਸਨਾ-ਰਹਿਤ ਆਖਿਆ ਜਾਂਦਾ ਹੈ,
46451	1082	ਧਨੰਜੈ ਜਲਿ ਥਲਿ ਹੈ ਮਹੀਐ॥	(ਧਨੰਜੈ) ਕਰਤਾਰਜੀ	Dhhananjai Jal Thhal Hai Meheeai ||	The Lord of prosperity, pervading the water, the land and the sky.	ਉਹੀ (ਸਾਰੇ ਜਗਤ ਦੇ ਧਨ ਨੂੰ ਜਿੱਤਣ ਵਾਲਾ) ਧਨੰਜੈ ਹੈ। ਉਹ ਜਲ ਵਿਚ ਹੈ ਥਲ ਵਿਚ ਹੈ ਧਰਤੀ ਉੱਤੇ (ਹਰ ਥਾਂ) ਹੈ।
46452	1083	ਮਿਰਤ ਲੋਕ ਪਇਆਲ ਸਮੀਪਤ ਅਸਥਿਰ ਥਾਨੁ ਜਿਸੁ ਹੈ ਅਭਗਾ॥੧੨॥	ਪ-ਇਆ, ਲਅ-ਭੱਗਾ	Mirath Lok Paeiaal Sameepath Asathhir Thhaan Jis Hai Abhagaa ||12||	He is near this world and the nether regions of the underworld; His Place is permanent, ever-stable and imperishable. ||12||	ਮਾਤ ਲੋਕ ਵਿਚ, ਪਤਾਲ ਵਿਚ (ਸਭ ਜੀਵਾਂ ਦੇ) ਨੇੜੇ ਹੈ। ਉਸ ਦਾ ਥਾਂ ਸਦਾ ਕਾਇਮ ਰਹਿਣ ਵਾਲਾ ਹੈ, ਕਦੇ ਟੁੱਟਣ ਵਾਲਾ ਨਹੀਂ ॥੧੨॥
46453	1083	ਪਤਿਤ ਪਾਵਨ ਦੁਖ ਭੈ ਭੰਜਨੁ॥		Pathith Paavan Dhukh Bhai Bhanjan ||	The Purifier of sinners, the Destroyer of pain and fear.	ਪਰਮਾਤਮਾ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ ਹੈ, (ਜੀਵਾਂ ਦੇ) ਸਾਰੇ ਦੁੱਖ ਸਾਰੇ ਡਰ ਦੂਰ ਕਰਨ ਵਾਲਾ ਹੈ,
46454	1083	ਅਹੰਕਾਰ ਨਿਵਾਰਣੁ ਹੈ ਭਵ ਖੰਡਨੁ॥		Ahankaar Nivaaran Hai Bhav Khanddan ||	The Eliminator of egotism, the Eradicator of coming and going.	ਅਹੰਕਾਰ ਦੂਰ ਕਰਨ ਵਾਲਾ ਹੈ ਅਤੇ ਜਨਮ ਮਰਨ ਦਾ ਗੇੜ ਨਾਸ ਕਰਨ ਵਾਲਾ ਹੈ।

46455	1083	ਭਗਤੀ ਤੋਖਿਤ ਦੀਨ ਕ੍ਰਿਪਾਲਾ ਗੁਣੇ ਨ ਕਿਤ ਹੀ ਹੈ ਭਿਗਾ॥੧੩॥	(ਕਿਤ) ਕਿਸੇ ਸਬਦ ਸਪਰਸ ਰੂਪ ਰਸ ਗੰਧ ਦੋਸ਼ ਵਿਕਾਰ ਚ (ਭਿਗਾ) ਭਿੱਜੇ ਨਹੀਂ ਅਥਵਾ ਸਦਾ ਨਿਰਲੇਪ ਹੋਂ। ਭਿੱਗਾ	Bhagathee Thokhith Dheen Kirapaalaa Gunae N Kith Hee Hai Bhigaa ||13||	He is pleased with devotional worship, and merciful to the meek; He cannot be appeased by any other qualities. ||13||	ਦੀਨਾਂ ਉੱਤੇ ਕਿਰਪਾ ਕਰਨ ਵਾਲਾ ਪ੍ਰਭੂ ਭਗਤੀ ਨਾਲ ਖ਼ੁਸ਼ ਹੁੰਦਾ ਹੈ, ਕਿਸੇ ਭੀ ਹੋਰ ਗੁਣ ਨਾਲ ਨਹੀਂ ਪਤੀਜਦਾ ॥੧੩॥
46456	1083	ਨਿਰੰਕਾਰੁ ਅਛਲ ਅਡੋਲੋ॥		Nirankaar Ashhal Addolo ||	The Formless Lord is undeceivable and unchanging.	ਆਕਾਰ-ਰਹਿਤ ਪਰਮਾਤਮਾ ਨੂੰ ਮਾਇਆ ਛਲ ਨਹੀਂ ਸਕਦੀ, (ਮਾਇਆ ਦੇ ਹੱਲਿਆਂ ਅੱਗੇ) ਉਹ ਡੋਲਣ ਵਾਲਾ ਨਹੀਂ ਹੈ।
46457	1083	ਜੋਤਿ ਸਰੂਪੀ ਸਭੁ ਜਗੁ ਮਉਲੋ॥	ਮਉੱਲੋ: ਕਸਕੇ ਬੋਲੋ	Joth Saroopee Sabh Jag Moulo ||	He is the Embodiment of Light; through Him, the whole world blossoms forth.	ਉਹ ਨਿਰਾ ਨੂਰ ਹੀ ਨੂਰ ਹੈ (ਉਸ ਦੇ ਨੂਰ ਨਾਲ) ਸਾਰਾ ਜਗਤ ਖਿੜ ਰਿਹਾ ਹੈ।
46458	1083	ਸੋ ਮਿਲੈ ਜਿਸੁ ਆਪਿ ਮਿਲਾਏ ਆਪਹੁ ਕੋਇ ਨ ਪਾਵੈਗਾ॥੧੪॥		So Milai Jis Aap Milaaeae Aapahu Koe N Paavaigaa ||14||	He alone unites with Him, whom He unites with Himself. No one can attain the Lord by himself. ||14||	(ਉਸ ਪਰਮਾਤਮਾ ਨੂੰ ਉਹੀ ਮਨੁੱਖ (ਹੀ) ਮਿਲ ਸਕਦਾ ਹੈ, ਜਿਸ ਨੂੰ ਉਹ ਆਪ ਮਿਲਾਂਦਾ ਹੈ। (ਉਸ ਦੀ ਮਿਹਰ ਤੋਂ ਬਿਨਾ ਨਿਰੇ) ਆਪਣੇ ਉੱਦਮ ਨਾਲ ਕੋਈ ਭੀ ਮਨੁੱਖ ਉਸ ਨੂੰ ਮਿਲ ਨਹੀਂ ਸਕਦਾ ॥੧੪॥
46459	1083	ਆਪੇ ਗੋਪੀ ਆਪੇ ਕਾਨਾ॥	ਕਾਨ੍ਹਾ	Aapae Gopee Aapae Kaanaa ||	He Himself is the milk-maid, and He Himself is Krishna.	ਪਰਮਾਤਮਾ ਆਪ ਹੀ ਗੋਪੀਆਂ ਹੈ, ਆਪ ਹੀ ਕ੍ਰਿਸ਼ਨ ਹੈ।

46460	1083	ਆਪੇ ਗਊ ਚਰਾਵੈ ਬਾਨਾ॥		Aapae Goo Charaavai Baanaa ||	He Himself grazes the cows in the forest.	ਪ੍ਰਭੂ ਆਪ ਹੀ ਗਊਆਂ ਨੂੰ ਬਿੰਦ੍ਰਾਬਨ ਵਿਚ ਚਾਰਦਾ ਹੈ।
46461	1083	ਆਪਿ ਉਪਾਵਹਿ ਆਪਿ ਖਪਾਵਹਿ ਤੁਧੁ ਲੇਪੁ ਨਹੀ ਇਕੁ ਤਿਲੁ ਰੰਗਾ॥੧੫॥		Aap Oupaavehi Aap Khapaavehi Thudhh Laep Nehee Eik Thil Rangaa ||15||	You Yourself create, and You Yourself destroy. Not even a particle of filth attaches to You. ||15||	ਹੇ ਪ੍ਰਭੂ! ਤੂੰ ਆਪ ਹੀ (ਜੀਵਾਂ ਨੂੰ) ਪੈਦਾ ਕਰਦਾ ਹੈਂ, ਆਪ ਹੀ ਨਾਸ ਕਰਦਾ ਹੈਂ। ਦੁਨੀਆ ਦੇ ਰੰਗ-ਤਮਾਸ਼ਿਆਂ ਦਾ ਤੇਰੇ ਉਤੇ ਰਤਾ ਭੀ ਅਸਰ ਨਹੀਂ ਹੁੰਦਾ ॥੧੫॥
46462	1083	ਏਕ ਜੀਹ ਗੁਣ ਕਵਨ ਬਖਾਨੈ॥		Eaek Jeeh Gun Kavan Bakhaanai ||	Which of Your Glorious Virtues can I chant with my one tongue?	ਹੇ ਪ੍ਰਭੂ! (ਮੇਰੀ) ਇੱਕ ਜੀਭ (ਤੇਰੇ) ਕਿਹੜੇ ਕਿਹੜੇ ਗੁਣ ਬਿਆਨ ਕਰ ਸਕਦੀ ਹੈ?
46463	1083	ਸਹਸ ਫਨੀ ਸੇਖ ਅੰਤੁ ਨ ਜਾਨੈ॥		Sehas Fanee Saekh Anth N Jaanai ||	Even the thousand-headed serpent does not know Your limit.	ਹਜ਼ਾਰ ਫਣਾਂ ਵਾਲਾ ਸ਼ੇਸ਼ਨਾਗ (ਭੀ) (ਤੇਰੇ ਗੁਣਾਂ ਦਾ) ਅੰਤ ਨਹੀਂ ਜਾਣਦਾ।
46464	1083	ਨਵਤਨ ਨਾਮ ਜਪੈ ਦਿਨੁ ਰਾਤੀ ਇਕੁ ਗੁਣੁ ਨਾਹੀ ਪ੍ਰਭ ਕਹਿ ਸੰਗਾ॥੧੬॥	ਕਹਿ (ਸੰਗਾ) ਸਕਦਾ	Navathan Naam Japai Dhin Raathee Eik Gun Naahee Prabh Kehi Sangaa ||16||	One may chant new names for You day and night, but even so, O God, no one can describe even one of Your Glorious Virtues. ||16||	ਉਹ ਦਿਨ ਰਾਤ (ਤੇਰੇ) ਨਵੇਂ ਨਵੇਂ ਨਾਮ ਜਪਦਾ ਹੈ, ਪਰ, ਹੇ ਪ੍ਰਭੂ! ਉਹ ਤੇਰਾ ਇੱਕ ਭੀ ਗੁਣ ਬਿਆਨ ਨਹੀਂ ਕਰ ਸਕਦਾ ॥੧੬॥
46465	1083	ਓਟ ਗਹੀ ਜਗਤ ਪਿਤ ਸਰਣਾਇਆ॥		Outt Gehee Jagath Pith Saranaaeiaa ||	I have grasped the Support, and entered the Sanctuary of the Lord, the Father of the world.	ਹੇ ਜਗਤ ਦੇ ਪਿਤਾ! ਮੈਂ ਤੇਰੀ ਓਟ ਲਈ ਹੈ, ਮੈਂ ਤੇਰੀ ਸਰਨ ਆਇਆ ਹਾਂ।

46466	1083	ਭੈ ਭਇਆਨਕ ਜਮਦੂਤ ਦੁਤਰ ਹੈ ਮਾਇਆ॥	ਦੁੱਤ-ਰ	Bhai Bhaeiaanak Jamadhooth Dhuthar Hai Maaeiaa ||	The Messenger of Death is terrifying and horrendous, and sea of Maya is impassable.	ਜਮਦੂਤ ਬੜੇ ਡਰਾਉਣੇ ਹਨ, ਬੜੇ ਡਰ ਦੇ ਰਹੇ ਹਨ। ਮਾਇਆ (ਇਕ ਅਜਿਹਾ ਸਮੁੰਦਰ ਹੈ ਜਿਸ) ਵਿਚੋਂ ਪਾਰ ਲੰਘਣਾ ਔਖਾ ਹੈ।
46467	1083	ਹੋਹੁ ਕ੍ਰਿਪਾਲ ਇਛਾ ਕਰਿ ਰਾਖਹੁ ਸਾਧ ਸੰਤਨ ਕੈ ਸੰਗਿ ਸੰਗਾ॥੧੭॥		Hohu Kirapaal Eishhaa Kar Raakhahu Saadhh Santhan Kai Sang Sangaa ||17||	Please be merciful, Lord, and save me, if it is Your Will; please lead me to join with the Saadh Sangat, the Company of the Holy. ||17||	ਹੇ ਪ੍ਰਭੂ! ਦਇਆਵਾਨ ਹੋਹੁ, ਮੈਨੂੰ ਕਿਰਪਾ ਕਰ ਕੇ ਸਾਧ ਸੰਗਤ ਵਿਚ ਰੱਖ ॥੧੭॥
46468	1083	ਦ੍ਰਿਸਟਿਮਾਨ ਹੈ ਸਗਲ ਮਿਥੇਨਾ॥	ਮਿਥੇਨਾ: ਪੋਲਾ ਬੋਲੋ	Dhrisattimaan Hai Sagal Mithhaenaa ||	All that is seen is an illusion.	ਹੇ ਗੋਬਿੰਦ! ਇਹ ਦਿੱਸਦਾ ਪਸਾਰਾ ਸਭ ਨਾਸਵੰਤ ਹੈ।
46469	1083	ਇਕੁ ਮਾਗਉ ਦਾਨੁ ਗੋਬਿਦ ਸੰਤ ਰੇਨਾ॥		Eik Maago Dhaan Gobidh Santh Raenaa ||	I beg for this one gift, for the dust of the feet of the Saints, O Lord of the Universe.	ਮੈਂ (ਤੇਰੇ ਪਾਸੋਂ) ਇਕ (ਇਹ) ਦਾਨ ਮੰਗਦਾ ਹਾਂ (ਕਿ ਮੈਨੂੰ) ਸੰਤ ਜਨਾਂ ਦੇ ਚਰਨਾਂ ਦੀ ਧੂੜ (ਮਿਲੇ)।
46470	1083	ਮਸਤਕਿ ਲਾਇ ਪਰਮਪਦੁ ਪਾਵਉ ਜਿਸੁ ਪ੍ਰਾਪਤਿ ਸੋ ਪਾਵੈਗਾ॥੧੮॥		Masathak Laae Param Padh Paavo Jis Praapath So Paavaigaa ||18||	Applying it to my forehead, I obtain the supreme status; he alone obtains it, unto whom You give it. ||18||	(ਇਹ ਧੂੜ) ਮੈਂ (ਆਪਣੇ) ਮੱਥੇ ਉੱਤੇ ਲਾ ਕੇ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰਾਂ। ਜਿਸ ਦੇ ਭਾਗਾਂ ਵਿਚ ਤੂੰ ਜਿਸ ਚਰਨ-ਧੂੜ ਦੀ ਪ੍ਰਾਪਤੀ ਲਿਖੀ ਹੈ ਉਹੀ ਹਾਸਲ ਕਰ ਸਕਦਾ ਹੈ ॥੧੮॥

46471	1083	ਜਿਨ ਕਉ ਕ੍ਰਿਪਾ ਕਰੀ ਸੁਖਦਾਤੇ॥		Jin Ko Kirapaa Karee Sukhadhaathae ||	Those, unto whom the Lord, the Giver of peace, grants His Mercy,	ਹੇ ਸੁਖਾਂ ਦੇ ਦੇਣ ਵਾਲੇ! ਜਿਨ੍ਹਾਂ ਉਤੇ ਤੂੰ ਮਿਹਰ ਕਰਦਾ ਹੈਂ,
46472	1083	ਤਿਨ ਸਾਧੂ ਚਰਣ ਲੈ ਰਿਦੈ ਪਰਾਤੇ॥	(ਪਰਾਤੇ) ਪ੍ਰਾਪਤ ਕੀਤੇ	Thin Saadhhoo Charan Lai Ridhai Paraathae ||	Grasp the feet of the Holy, and weave them into their hearts.	ਉਹ ਗੁਰੂ ਦੇ ਚਰਨਾਂ ਨੂੰ ਆਪਣੇ ਹਿਰਦੇ ਵਿਚ ਪ੍ਰੋ ਲੈਂਦੇ ਹਨ।
46473	1083	ਸਗਲ ਨਾਮ ਨਿਧਾਨੁ ਤਿਨ ਪਾਇਆ ਅਨਹਦ ਸਬਦ ਮਨਿ ਵਾਜੰਗਾ॥੧੯॥		Sagal Naam Nidhhaan Thin Paaeiaa Anehadh Sabadh Man Vaajangaa ||19||	They obtain all the wealth of the Naam, the Name of the Lord; the unstruck sound current of the Shabad vibrates and resounds within their minds. ||19||	ਉਹਨਾਂ ਨੂੰ ਸਾਰੇ ਖ਼ਜ਼ਾਨਿਆਂ ਤੋਂ ਸ੍ਰੇਸ਼ਟ ਨਾਮ-ਖ਼ਜ਼ਾਨਾ ਮਿਲ ਜਾਂਦਾ ਹੈ। ਉਹਨਾਂ ਦੇ ਮਨ ਵਿਚ (ਮਾਨੋ) ਇਕ-ਰਸ ਵਾਜੇ ਵੱਜਣ ਲੱਗ ਪੈਂਦੇ ਹਨ ॥੧੯॥
46474	1083	ਕਿਰਤਮ ਨਾਮ ਕਥੇ ਤੇਰੇ ਜਿਹਬਾ॥		Kiratham Naam Kathhae Thaerae Jihabaa ||	With my tongue I chant the Names given to You.	ਹੇ ਪ੍ਰਭੂ! (ਸਾਡੀ ਜੀਵਾਂ ਦੀ) ਜੀਭ ਤੇਰੇ ਉਹ ਨਾਮ ਉਚਾਰਦੀ ਹੈ ਜੋ ਨਾਮ (ਤੇਰੇ ਗੁਣ ਵੇਖ ਵੇਖ ਕੇ ਜੀਵਾਂ ਨੇ) ਬਣਾਏ ਹੋਏ ਹਨ।
46475	1083	ਸਤਿਨਾਮੁ ਤੇਰਾ ਪਰਾ ਪੂਰਬਲਾ॥		Sath Naam Thaeraa Paraa Poorabalaa ||	Sat Naam' is Your perfect, primal Name.	ਪਰ 'ਸਤਿਨਾਮੁ' ਤੇਰਾ ਮੁੱਢ-ਕਦੀਮਾਂ ਦਾ ਨਾਮ ਹੈ (ਭਾਵ, ਤੂੰ 'ਹੋਂਦ ਵਾਲਾ' ਹੈਂ, ਤੇਰੀ ਇਹ 'ਹੋਂਦ' ਜਗਤ-ਰਚਨਾ ਤੋਂ ਪਹਿਲਾਂ ਭੀ ਮੌਜੂਦ ਸੀ)।

46476	1083	ਕਹੁ ਨਾਨਕ ਭਗਤ ਪਏ ਸਰਣਾਈ ਦੇਹੁ ਦਰਸੁ ਮਨਿ ਰੰਗੁ ਲਗਾ॥੨੦॥		Kahu Naanak Bhagath Peae Saranaaee Dhaehu Dharas Man Rang Lagaa ||20||	Says Nanak, Your devotees have entered Your Sanctuary. Please bestow the Blessed Vision of Your Darshan; their minds are filled with love for You. ||20||	ਨਾਨਕ ਆਖਦਾ ਹੈ- (ਹੇ ਪ੍ਰਭੂ!) ਤੇਰੇ ਭਗਤ ਤੇਰੀ ਸਰਨ ਪਏ ਰਹਿੰਦੇ ਹਨ, ਤੂੰ ਉਹਨਾਂ ਨੂੰ ਦਰਸਨ ਦੇਂਦਾ ਹੈਂ, ਉਹਨਾਂ ਦੇ ਮਨ ਵਿਚ ਆਨੰਦ ਬਣਿਆ ਰਹਿੰਦਾ ਹੈ ॥੨੦॥
46477	1083	ਤੇਰੀ ਗਤਿ ਮਿਤਿ ਤੂਹੈ ਜਾਣਹਿ॥		Thaeree Gath Mith Thoohai Jaanehi ||	You alone know Your state and extent.	ਹੇ ਪ੍ਰਭੂ! ਤੂੰ ਕਿਹੋ ਜਿਹਾ ਹੈਂ ਤੇ ਕੇਡਾ ਵੱਡਾ ਹੈਂ-ਇਹ ਗੱਲ ਤੂੰ ਆਪ ਹੀ ਜਾਣਦਾ ਹੈਂ।
46478	1083	ਤੂ ਆਪੇ ਕਥਹਿ ਤੈ ਆਪਿ ਵਖਾਣਹਿ॥		Thoo Aapae Kathhehi Thai Aap Vakhaanehi ||	You Yourself speak, and You Yourself describe it.	ਆਪਣੀ 'ਗਤਿ ਮਿਤਿ' ਤੂੰ ਦੱਸ ਸਕਦਾ ਹੈਂ ਤੇ ਆਪ ਹੀ ਬਿਆਨ ਕਰ ਸਕਦਾ ਹੈਂ।
46479	1083	ਨਾਨਕ ਦਾਸੁ ਦਾਸਨ ਕੋ ਕਰੀਅਹੁ ਹਰਿ ਭਾਵੈ ਦਾਸਾ ਰਾਖੁ ਸੰਗਾ॥੨੧॥੨॥੧੧॥		Naanak Dhaas Dhaasan Ko Kareeahu Har Bhaavai Dhaasaa Raakh Sangaa ||21||2||11||	Please make Nanak the slave of Your slaves, O Lord; as it pleases Your Will, please keep him with Your slaves. ||21||2||11||	ਹੇ ਪ੍ਰਭੂ! ਨਾਨਕ ਨੂੰ ਆਪਣੇ ਦਾਸਾਂ ਦਾ ਦਾਸ ਬਣਾਈ ਰੱਖ। ਤੇ, ਹੇ ਹਰੀ! ਜੇ ਤੇਰੀ ਮਿਹਰ ਹੋਵੇ ਤਾਂ (ਨਾਨਕ ਨੂੰ) ਆਪਣੇ ਦਾਸਾਂ ਦੀ ਸੰਗਤ ਵਿਚ ਰੱਖ ॥੨੧॥੨॥੧੧॥
46480	1083	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	

46481	1083	ਅਲਹ ਅਗਮ ਖੁਦਾਈ ਬੰਦੇ॥	ਅੱਲਹ	Aleh Agam Khudhaaee Bandhae ||	O slave of the inaccessible Lord God Allah,	ਹੇ ਅੱਲਾ ਦੇ ਬੰਦੇ! ਹੇ ਅਪਹੁੰਚ ਰੱਬ ਦੇ ਬੰਦੇ! ਹੇ ਖ਼ੁਦਾ ਦੇ ਬੰਦੇ!
46482	1083	ਛੋਡਿ ਖਿਆਲ ਦੁਨੀਆ ਕੇ ਧੰਧੇ॥		Shhodd Khiaal Dhuneeaa Kae Dhhandhhae ||	Forsake thoughts of worldly entanglements.	(ਨਿਰੇ) ਦੁਨੀਆ ਵਾਲੇ ਖ਼ਿਆਲ ਛੱਡ ਦੇਹ, (ਨਿਰੇ) ਦੁਨੀਆ ਦੇ ਝੰਬੇਲੇ ਛੱਡ ਦੇਹ।
46483	1083	ਹੋਇ ਪੈ ਖਾਕ ਫਕੀਰ ਮੁਸਾਫਰੁ ਇਹੁ ਦਰਵੇਸੁ ਕਬੂਲੁ ਦਰਾ॥੧॥		Hoe Pai Khaak Fakeer Musaafar Eihu Dharavaes Kabool Dharaa ||1||	Become the dust of the feet of the humble fakeers, and consider yourself a traveller on this journey. O saintly dervish, you shall be approved in the Court of the Lord. ||1||	ਰੱਬ ਦੇ ਫ਼ਕੀਰਾਂ ਦੇ ਪੈਰਾਂ ਦੀ ਖ਼ਾਕ ਹੋ ਕੇ (ਦੁਨੀਆ ਵਿਚ) ਮੁਸਾਫ਼ਰ ਬਣਿਆ ਰਹੁ। ਇਹੋ ਜਿਹਾ ਫ਼ਕੀਰ ਰੱਬ ਦੇ ਦਰ ਤੇ ਕਬੂਲ ਹੋ ਜਾਂਦਾ ਹੈ ॥੧॥
46484	1083	ਸਚੁ ਨਿਵਾਜ ਯਕੀਨ ਮੁਸਲਾ॥	ਮੁਸੱਲਾ	Sach Nivaaj Yakeen Musalaa ||	Let Truth be your prayer, and faith your prayer-mat.	ਹੇ ਖ਼ੁਦਾ ਦੇ ਬੰਦੇ! ਸਦਾ ਕਾਇਮ ਰਹਿਣ ਵਾਲੇ ਰੱਬ ਦੇ ਨਾਮ (ਦੀ ਯਾਦ) ਨੂੰ (ਆਪਣੀ) ਨਿਮਾਜ਼ ਬਣਾ। ਰੱਬ ਉਤੇ ਭਰੋਸਾ-ਇਹ ਤੇਰਾ ਮੁਸੱਲਾ ਹੋਵੇ।
46485	1083	ਮਨਸਾ ਮਾਰਿ ਨਿਵਾਰਿਹੁ ਆਸਾ॥		Manasaa Maar Nivaarihu Aasaa ||	Subdue your desires, and overcome your hopes.	ਹੇ ਖ਼ੁਦਾ ਦੇ ਫ਼ਕੀਰ! (ਆਪਣੇ ਅੰਦਰੋਂ) ਮਨ ਦਾ ਫੁਰਨਾ ਮਾਰ ਕੇ ਮੁਕਾ ਦੇਹ-ਇਸ ਨੂੰ ਸੋਟਾ ਬਣਾ।

46486	1083	ਦੇਹ ਮਸੀਤਿ ਮਨੁ ਮਉਲਾਣਾ ਕਲਮ ਖੁਦਾਈ ਪਾਕੁ ਖਰਾ॥੨॥		Dhaeh Maseeth Man Moulaanaa Kalam Khudhaaee Paak Kharaa ||2||	Let your body be the mosque, and your mind the priest. Let true purity be God's Word for you. ||2||	(ਤੇਰਾ ਇਹ) ਸਰੀਰ (ਤੇਰੀ) ਮਸੀਤ ਹੋਵੇ, (ਤੇਰਾ) ਮਨ (ਉਸ ਮਸੀਤ ਵਿਚ) ਮੁੱਲਾਂ (ਬਣਿਆ ਰਹੇ)। (ਇਸ ਮਨ ਨੂੰ ਸਦਾ) ਪਵਿੱਤਰ ਤੇ ਸਾਫ਼ ਰੱਖ-ਇਹ ਤੇਰੇ ਵਾਸਤੇ ਖ਼ੁਦਾਈ ਕਲਮਾ ਹੈ ॥੨॥
46487	1083	ਸਰਾ ਸਰੀਅਤਿ ਲੇ ਕੰਮਾਵਹੁ॥	(ਸ਼ਰ੍ਹਾ) ਧਰਮ ਦੀ ਮਰਯਾਦਾ। (ਸ-ਰੀਅਤਿ) ਧਰਮ ਦਾ ਰਸਤਾ	Saraa Sareeath Lae Kanmaavahu ||	Let your practice be to live the spiritual life.	ਹੇ ਖ਼ੁਦਾ ਦੇ ਬੰਦੇ! (ਖ਼ੁਦਾ ਦਾ ਨਾਮ) ਲੈ ਕੇ ਬੰਦਗੀ ਦੀ ਕਮਾਈ ਕਰਿਆ ਕਰ-ਇਹ ਹੈ ਅਸਲ ਸ਼ਰਹ ਸ਼ਰੀਅਤਿ (ਬਾਹਰਲੀ ਧਾਰਮਿਕ ਰਹਿਣੀ)।
46488	1083	ਤਰੀਕਤਿ ਤਰਕ ਖੋਜਿ ਟੋਲਾਵਹੁ॥	(ਤਰੀਕਤਿ) ਅੰਦਰ ਦੀ ਸ਼ੁਧੀ (ਤਰਕ) ਵੈਰਾਗ	Thareekath Tharak Khoj Ttolaavahu ||	Let your spiritual cleansing be to renounce the world and seek God.	ਹੇ ਰੱਬ ਦੇ ਬੰਦੇ! (ਆਪਾ-ਭਾਵ) ਤਿਆਗ ਕੇ (ਆਪਣੇ ਅੰਦਰ-ਵੱਸਦੇ ਰੱਬ ਨੂੰ) ਖੋਜ ਕੇ ਲੱਭ-ਇਹ ਹੈ ਮਨ ਨੂੰ ਸਾਫ਼ ਰੱਖਣ ਦਾ ਤਰੀਕਾ।
46489	1083	ਮਾਰਫਤਿ ਮਨੁ ਮਾਰਹੁ ਅਬਦਾਲਾ ਮਿਲਹੁ ਹਕੀਕਤਿ ਜਿਤੁ ਫਿਰਿ ਨ ਮਰਾ॥੩॥	(ਮਾਰਫਤਿ) ਆਤਮ ਗਿਆਨ। (ਅਬਦਾਲਾ) ਵੱਡਾ। (ਹਕੀਕਤਿ) ਸੱਚਾਈ	Maarafath Man Maarahu Abadhaalaa Milahu Hakeekath Jith Fir N Maraa ||3||	Let control of the mind be your spiritual wisdom, O holy man; meeting with God, you shall never die again. ||3||	ਹੇ ਅਬਦਾਲ ਫ਼ਕੀਰ! ਆਪਣੇ ਮਨ ਨੂੰ ਵੱਸ ਵਿਚ ਰੱਖ-ਇਹ ਹੈ ਮਾਰਫ਼ਤਿ (ਆਤਮਕ ਜੀਵਨ ਦੀ ਸੂਝ)। ਰੱਬ ਨਾਲ ਮਿਲਿਆ ਰਹੁ-ਇਹ ਹੈ ਹਕੀਕਤਿ (ਚੌਥਾ ਪਦ)। (ਇਹ ਹਕੀਕਤਿ ਐਸੀ ਹੈ ਕਿ) ਇਸ ਦੀ ਰਾਹੀਂ ਮੁੜ ਆਤਮਕ ਮੌਤ ਨਹੀਂ ਹੁੰਦੀ ॥੩॥

46490	1083	ਕੁਰਾਣੁ ਕਤੇਬ ਦਿਲ ਮਾਹਿ ਕਮਾਹੀ॥		Kuraan Kathaeb Dhil Maahi Kamaahee ||	Practice within your heart the teachings of the Koran and the Bible;	ਹੇ ਖ਼ੁਦਾ ਦੇ ਬੰਦੇ! ਆਪਣੇ ਦਿਲ ਵਿਚ ਖ਼ੁਦਾ ਦੇ ਨਾਮ ਦੀ ਯਾਦ ਦੀ ਕਮਾਈ ਕਰਦਾ ਰਹੁ-ਇਹ ਹੈ ਕੁਰਾਨ, ਹੈ ਇਹ ਹੈ ਕਤੇਬਾਂ ਦੀ ਤਾਲੀਮ।
46491	1083	ਦਸ ਅਉਰਾਤ ਰਖਹੁ ਬਦ ਰਾਹੀ॥	(ਅਉਰਾਤ) ਇਸਤ੍ਰੀਆਂ ਰੂਪੀ ਦਸ ਇੰਦ੍ਰੀਆਂ ਨੂੰ ਬਦਖੋਟੇ (ਰਾਹੀ) ਰਾਹ ਤੋਂ	Dhas Aouraath Rakhahu Badh Raahee ||	Restrain the ten sensory organs from straying into evil.	ਹੇ ਖ਼ੁਦਾ ਦੇ ਬੰਦੇ! ਆਪਣੇ ਦਸ ਹੀ ਇੰਦ੍ਰਿਆਂ ਨੂੰ ਭੈੜੇ ਰਸਤੇ ਤੋਂ ਰੋਕ ਰੱਖ।
46492	1083	ਪੰਚ ਮਰਦ ਸਿਦਕਿ ਲੇ ਬਾਧਹੁ ਖੈਰਿ ਸਬੂਰੀ ਕਬੂਲ ਪਰਾ॥੪॥		Panch Maradh Sidhak Lae Baadhhahu Khair Sabooree Kabool Paraa ||4||	Tie up the five demons of desire with faith, charity and contentment, and you shall be acceptable. ||4||	ਸਿਦਕ ਦੀ ਮਦਦ ਨਾਲ ਪੰਜ ਕਾਮਾਦਿਕ ਸੂਰਮਿਆਂ ਨੂੰ ਫੜ ਕੇ ਬੰਨ੍ਹ ਰੱਖ। ਸੰਤੋਖ ਦੇ ਖ਼ੈਰ ਦੀ ਬਰਕਤਿ ਨਾਲ ਤੂੰ ਖ਼ੁਦਾ ਦੇ ਦਰ ਤੇ ਕਬੂਲ ਹੋ ਜਾਹਿਂਗਾ ॥੪॥
46493	1083	ਮਕਾ ਮਿਹਰ ਰੋਜਾ ਪੈ ਖਾਕਾ॥	ਮੱਕਾ। ਖੱਾਕਾ	Makaa Mihar Rojaa Pai Khaakaa ||	Let compassion be your Mecca, and the dust of the feet of the holy your fast.	ਹੇ ਖ਼ੁਦਾ ਦੇ ਬੰਦੇ! (ਦਿਲ ਵਿਚ ਸਭਨਾਂ ਵਾਸਤੇ) ਤਰਸ ਨੂੰ (ਹੱਜ-ਅਸਥਾਨ) ਮੱਕਾ (ਸਮਝ)। (ਸਭ ਦੇ) ਪੈਰਾਂ ਦੀ ਖ਼ਾਕ ਹੋਏ ਰਹਿਣਾ (ਅਸਲ) ਰੋਜ਼ਾ ਹੈ।
46494	1083	ਭਿਸਤੁ ਪੀਰ ਲਫਜ ਕਮਾਇ ਅੰਦਾਜਾ॥		Bhisath Peer Lafaj Kamaae Andhaajaa ||	Let Paradise be your practice of the Prophet's Word.	ਗੁਰੂ ਦੇ ਬਚਨਾਂ ਉਤੇ ਪੂਰੇ ਤੌਰ ਤੇ ਤੁਰਨਾ-ਇਹ ਹੈ ਬਹਿਸ਼ਤ।

46495	1083	ਹੂਰ ਨੂਰ ਮੁਸਕੁ ਖੁਦਾਇਆ ਬੰਦਗੀ ਅਲਹ ਆਲਾ ਹੁਜਰਾ॥੫॥	ਨਾਮੁ ਪ੍ਰੇਮ ਰੂਪੀ (ਮੁਸਕੁ) ਖ਼ੁਸ਼ਬੂ, ਖ਼ੁਦਾ ਜੀ ਨੂੰ ਚੇਤੇ ਕਰਨ ਵਾਲੀ।ਬੰਦਗੀ ਰੂਪ (ਆਲ੍ਹਾ) ਉੱਤਮ। ਹੁਜਰਾ: ਪੋਲਾ ਬੋਲੋ। (ਹੁਜਰਾ) ਕੋਠੜੀ ਹੈ।ਅੱਲਹ	Hoor Noor Musak Khudhaaeiaa Bandhagee Aleh Aalaa Hujaraa ||5||	God is the beauty, the light and the fragrance. Meditation on Allah is the secluded meditation chamber. ||5||	ਖ਼ੁਦਾ ਦੇ ਨੂਰ ਦਾ ਜ਼ਹੂਰ ਹੀ ਹੂਰਾਂ ਹਨ, ਖ਼ੁਦਾ ਦੀ ਬੰਦਗੀ ਹੀ ਕਸਤੂਰੀ ਹੈ। ਖ਼ੁਦਾ ਦੀ ਬੰਦਗੀ ਹੀ ਸਭ ਤੋਂ ਵਧੀਆ ਹੁਜਰਾ ਹੈ (ਜਿੱਥੇ ਮਨ ਵਿਕਾਰਾਂ ਵੱਲੋਂ ਹਟ ਕੇ ਇੱਕ ਟਿਕਾਣੇ ਤੇ ਰਹਿ ਸਕਦਾ ਹੈ) ॥੫॥
46496	1084	ਸਚੁ ਕਮਾਵੈ ਸੋਈ ਕਾਜੀ॥		Sach Kamaavai Soee Kaajee ||	He alone is a Qazi, who practices the Truth.	ਹੇ ਖ਼ੁਦਾ ਦੇ ਬੰਦੇ! ਜਿਹੜਾ ਮਨੁੱਖ ਸਦਾ ਕਾਇਮ ਰਹਿਣ ਵਾਲੇ ਅੱਲਾ ਦੀ ਬੰਦਗੀ ਕਰਦਾ ਹੈ ਉਹ ਹੈ (ਅਸਲ) ਕਾਜ਼ੀ।
46497	1084	ਜੋ ਦਿਲੁ ਸੋਧੈ ਸੋਈ ਹਾਜੀ॥		Jo Dhil Sodhhai Soee Haajee ||	He alone is a Haji, a pilgrim to Mecca, who purifies his heart.	ਜਿਹੜਾ ਮਨੁੱਖ ਆਪਣੇ ਦਿਲ ਨੂੰ ਪਵਿੱਤਰ ਰੱਖਣ ਦਾ ਜਤਨ ਕਰਦਾ ਰਹਿੰਦਾ ਹੈ ਉਹੀ ਹੈ (ਅਸਲ) ਹੱਜ ਕਰਨ ਵਾਲਾ।
46498	1084	ਸੋ ਮੁਲਾ ਮਲਊਨ ਨਿਵਾਰੈ ਸੋ ਦਰਵੇਸੁ ਜਿਸੁ ਸਿਫਤਿ ਧਰਾ॥੬॥	(ਮਲਊਨ) ਸ਼ੈਤਾਨ।ਮੁੱਲਾਂ	So Mulaa Maloon Nivaarai So Dharavaes Jis Sifath Dhharaa ||6||	He alone is a Mullah, who banishes evil; he alone is a saintly dervish, who takes the Support of the Lord's Praise. ||6||	ਜਿਹੜਾ ਮਨੁੱਖ (ਆਪਣੇ ਅੰਦਰੋਂ) ਵਿਕਾਰਾਂ ਨੂੰ ਦੂਰ ਕਰਦਾ ਹੈ ਉਹ (ਅਸਲ) ਮੁੱਲਾਂ ਹੈ। ਜਿਸ ਮਨੁੱਖ ਨੂੰ ਖ਼ੁਦਾ ਦੀ ਸਿਫ਼ਤ-ਸਾਲਾਹ ਦਾ ਸਹਾਰਾ ਹੈ ਉਹ ਹੈ (ਅਸਲ) ਫ਼ਕੀਰ ॥੬॥
46499	1084	ਸਭੇ ਵਖਤ ਸਭੇ ਕਰਿ ਵੇਲਾ॥	ਸੱਭੇ, ਵੇਲਾ: ਪੋਲਾ ਬੋਲੋ	Sabhae Vakhath Sabhae Kar Vaelaa ||	Always, at every moment, remember God,	ਹੇ ਖ਼ੁਦਾ ਦੇ ਬੰਦੇ! ਹਰ ਵਕਤ ਹਰ ਵੇਲੇ ਖ਼ਾਲਕ ਨੂੰ ਮੌਲਾ ਨੂੰ ਆਪਣੇ ਦਿਲ ਵਿਚ ਯਾਦ ਕਰਦਾ ਰਹੁ।

46500	1084	ਖਾਲਕੁ ਯਾਦਿ ਦਿਲੈ ਮਹਿ ਮਉਲਾ॥	ਮਉਲਾ: ਪੋਲਾ ਬੋਲੋ	Khaalak Yaadh Dhilai Mehi Moulaa ||	The Creator within your heart.	ਹਰ ਵੇਲੇ ਖ਼ੁਦਾ ਨੂੰ ਯਾਦ ਕਰਦੇ ਰਹੋ-ਇਹੀ ਹੈ ਤਸਬੀ।
46501	1084	ਤਸਬੀ ਯਾਦਿ ਕਰਹੁ ਦਸ ਮਰਦਨੁ ਸੁੰਨਤਿ ਸੀਲੁ ਬੰਧਾਨਿ ਬਰਾ॥੭॥	ਕਾਮ, ਕ੍ਰੋਧ, ਲੋਭ, ਮੋਹ, ਹੰਕਾਰ, ਸਬਦ ਸਪਰਸ ਰੂਪ ਰਸ ਗੰਧ ਇਨ੍ਹਾਂਦਸ ਦਸਾਂ ਵਿਸ਼ਿਆਂ ਨੂੰ (ਮਰਦਨੁ) ਮਲ਼ਣਾ ਕਰੇ। (ਬੰਧਾਨਿ) ਨਿਯਮ। (ਬਰਾ)ਸ੍ਰੇਸ਼ਟ	Thasabee Yaadh Karahu Dhas Maradhan Sunnath Seel Bandhhaan Baraa ||7||	Let your meditation beads be the subjugation of the ten senses. Let good conduct and self-restraint be your circumcision. ||7||	ਉਹ ਖ਼ੁਦਾ ਹੀ ਦਸਾਂ ਇੰਦ੍ਰਿਆਂ ਨੂੰ ਵੱਸ ਵਿਚ ਲਿਆ ਸਕਦਾ ਹੈ। ਹੇ ਖ਼ੁਦਾ ਦੇ ਬੰਦੇ! ਚੰਗਾ ਸੁਭਾਉ ਅਤੇ (ਵਿਕਾਰਾਂ ਵਲੋਂ) ਤਕੜਾ ਪਰਹੇਜ਼ ਹੀ ਸੁੰਨਤਿ (ਸਮਝ) ॥੭॥
46502	1084	ਦਿਲ ਮਹਿ ਜਾਨਹੁ ਸਭ ਫਿਲਹਾਲਾ॥		Dhil Mehi Jaanahu Sabh Filehaalaa ||	You must know in your heart that everything is temporary.	ਹੇ ਅੱਲਾ ਦੇ ਬੰਦੇ! ਸਾਰੀ ਰਚਨਾ ਨੂੰ ਆਪਣੇ ਦਿਲ ਵਿਚ ਨਾਸਵੰਤ ਜਾਣ।
46503	1084	ਖਿਲਖਾਨਾ ਬਿਰਾਦਰ ਹਮੂ ਜੰਜਾਲਾ॥	(ਖਿਲਖਾਨਾ) ਕੁਲ ਘਰ। (ਬਿਰਾਦਰ) ਸਬੰਧੀ। (ਹਮੂ) ਤਮਾਮ। ਖਿਲ-ਖਾਨਾ, ਖੱਾਨਾ	Khilakhaanaa Biraadhar Hamoo Janjaalaa ||	Family, household and siblings are all entanglements.	ਹੇ ਭਾਈ! ਇਹ ਟੱਬਰ-ਟੋਰ (ਦਾ ਮੋਹ) ਸਭ ਫਾਹੀਆਂ (ਵਿਚ ਫਸਾਣ ਵਾਲਾ ਹੀ) ਹੈ।
46504	1084	ਮੀਰ ਮਲਕ ਉਮਰੇ ਫਾਨਾਇਆ ਏਕ ਮੁਕਾਮ ਖੁਦਾਇ ਦਰਾ॥੮॥		Meer Malak Oumarae Faanaaeiaa Eaek Mukaam Khudhaae Dharaa ||8||	Kings, rulers and nobles are mortal and transitory; only God's Gate is the permanent place. ||8||	ਸ਼ਾਹ, ਪਾਤਿਸ਼ਾਹ, ਅਮੀਰ ਲੋਕ ਸਭ ਨਾਸਵੰਤ ਹਨ। ਸਿਰਫ਼ ਖ਼ੁਦਾ ਦਾ ਦਰ ਹੀ ਸਦਾ ਕਾਇਮ ਰਹਿਣ ਵਾਲਾ ਹੈ ॥੮॥

46505	1084	ਅਵਲਿ ਸਿਫਤਿ ਦੂਜੀ ਸਾਬੂਰੀ॥	ਅੱਵਲਿ	Aval Sifath Dhoojee Saabooree ||	First, is the Lord's Praise; second, contentment;	ਹੇ ਖ਼ੁਦਾ ਦੇ ਬੰਦੇ! (ਤੇਰੀ ਉਮਰ ਦੇ) ਇਹ ਪੰਜ ਵੇਲੇ ਤੇਰੇ ਵਾਸਤੇ ਬੜੇ ਹੀ ਲਾਭਦਾਇਕ ਹੋ ਸਕਦੇ ਹਨ (ਜੇ ਤੂੰ) ਪਹਿਲੇ ਵਕਤ ਵਿਚ ਰੱਬ ਦੀ ਸਿਫ਼ਤ-ਸਾਲਾਹ ਕਰਦਾ ਰਹੇਂ, ਜੇ ਸੰਤੋਖ ਤੇਰੀ ਦੂਜੀ ਨਿਮਾਜ਼ ਹੋਵੇ,
46506	1084	ਤੀਜੈ ਹਲੇਮੀ ਚਉਥੈ ਖੈਰੀ॥		Theejai Halaemee Chouthhai Khairee ||	Third, humility, and fourth, giving to charities.	ਨਿਮਾਜ਼ ਦੇ ਤੀਜੇ ਵਕਤ ਵਿਚ ਤੂੰ ਨਿਮ੍ਰਤਾ ਧਾਰਨ ਕਰੇਂ, ਜੇ ਚੌਥੇ ਵਕਤ ਵਿਚ ਤੂੰ ਸਭ ਦਾ ਭਲਾ ਮੰਗੇਂ,
46507	1084	ਪੰਜਵੈ ਪੰਜੇ ਇਕਤੁ ਮੁਕਾਮੈ ਏਹਿ ਪੰਜਿ ਵਖਤ ਤੇਰੇ ਅਪਰਪਰਾ॥੯॥	ਅਪਰ-ਪਰਾ	Panjavai Panjae Eikath Mukaamai Eaehi Panj Vakhath Thaerae Aparaparaa ||9||	Fifth is to hold one's desires in restraint. These are the five most sublime daily prayers. ||9||	ਜੇ ਪੰਜਵੇਂ ਵਕਤ ਵਿਚ ਤੂੰ ਕਾਮਾਦਿਕ ਪੰਜਾਂ ਨੂੰ ਹੀ ਵੱਸ ਵਿਚ ਰੱਖੇਂ (ਤੇਰੀ ਉਮਰ ਦੇ) ਇਹ ਪੰਜ ਵੇਲੇ ਤੇਰੇ ਵਾਸਤੇ ਬੜੇ ਹੀ ਲਾਭਦਾਇਕ ਹੋ ਸਕਦੇ ਹਨ। (ਭਾਵ, ਰੱਬ ਦੀ ਸਿਫ਼ਤ-ਸਾਲਾਹ, ਸੰਤੋਖ, ਨਿਮ੍ਰਤਾ, ਸਭ ਦਾ ਭਲਾ ਮੰਗਣਾ, ਕਾਮਾਦਿਕ ਪੰਜਾਂ ਨੂੰ ਹੀ ਵੱਸ ਵਿਚ ਰੱਖਣਾ- ਇਹ ਪੰਜ ਹਨ ਆਤਮਕ ਜੀਵਨ ਦੀਆਂ ਪੰਜ ਨਿਮਾਜ਼ਾਂ, ਤੇ, ਇਹ ਜੀਵਨ ਨੂੰ ਬਹੁਤ ਉੱਚਾ ਕਰਦੀਆਂ ਹਨ) ॥੯॥

46508	1084	ਸਗਲੀ ਜਾਨਿ ਕਰਹੁ ਮਉਦੀਫਾ॥	(ਮਉਦੀਫਾ) ਦਫ਼ਾ	Sagalee Jaan Karahu Moudheefaa ||	Let your daily worship be the knowledge that God is everywhere.	ਹੇ ਅੱਲਾ ਦੇ ਬੰਦੇ! ਸਾਰੀ ਸ੍ਰਿਸ਼ਟੀ ਵਿਚ ਇਕੋ ਖ਼ੁਦਾ ਨੂੰ ਵੱਸਦਾ ਜਾਣ-ਇਸ ਨੂੰ ਤੂੰ ਆਪਣਾ ਹਰ ਵੇਲੇ ਦਾ ਰੱਬੀ ਸਲਾਮ ਦਾ ਪਾਠ ਬਣਾਈ ਰੱਖ।
46509	1084	ਬਦ ਅਮਲ ਛੋਡਿ ਕਰਹੁ ਹਥਿ ਕੂਜਾ॥	ਅਮਲ: ਪੋਲਾ ਬੋਲੋ। ਕੂੱਜਾ	Badh Amal Shhodd Karahu Hathh Koojaa ||	Let renunciation of evil actions be the water-jug you carry.	ਮੰਦੇ ਕਰਮ ਕਰਨੇ ਛੱਡ ਦੇ-ਇਹ ਪਾਣੀ ਦਾ ਲੋਟਾ ਤੂੰ ਆਪਣੇ ਹੱਥ ਵਿਚ ਫੜ (ਸਰੀਰਕ ਸੁਅੱਛਤਾ ਵਾਸਤੇ)।
46510	1084	ਖੁਦਾਇ ਏਕੁ ਬੁਝਿ ਦੇਵਹੁ ਬਾਂਗਾਂ ਬੁਰਗੂ ਬਰ ਖੁਰ ਦਾਰ ਖਰਾ॥੧੦॥	(ਬੁਰਗੂ) ਕਾਜ਼ੀ। (ਬਰ) ਫ਼ਲ। (ਖੁਰ) ਖਾਣਾ। (ਦਾਰ) ਰੱਖਣਾ। (ਖਰਾ) ਚੰਗਾ। ਬੁੱਝਿ। (ਦੂਜਾ ਪਾਠ: ਬਰਖੁਰਦਾਰ)	Khudhaae Eaek Bujh Dhaevahu Baangaan Buragoo Barakhuradhaar Kharaa ||10||	Let realization of the One Lord God be your call to prayer; be a good child of God - let this be your trumpet. ||10||	ਇਹ ਯਕੀਨ ਬਣਾ ਕਿ ਸਾਰੀ ਹੀ ਖ਼ਲਕਤ ਦਾ ਇਕੋ ਖ਼ੁਦਾ ਹੈ-ਇਹ ਸਦਾ ਬਾਂਗ ਦਿਆ ਕਰ। ਹੇ ਫ਼ਕੀਰ ਸਾਈਂ! ਖ਼ੁਦਾ ਦਾ ਚੰਗਾ ਪੁੱਤਰ ਬਣਨ ਦਾ ਜਤਨ ਕਰਿਆ ਕਰ-ਇਹ ਸਿੰਙ ਵਜਾਇਆ ਕਰ ॥੧੦॥
46511	1084	ਹਕੁ ਹਲਾਲੁ ਬਖੋਰਹੁ ਖਾਣਾ॥	(ਬਖੋਰਹੁ) ਛਕੋ। (ਖਾਣਾ) ਭੋਜਨ। ਹੱਕੁ	Hak Halaal Bakhorahu Khaanaa ||	Let what is earned righteously be your blessed food.	ਹੇ ਖ਼ੁਦਾ ਦੇ ਬੰਦੇ! ਹੱਕ ਦੀ ਕਮਾਈ ਕਰਿਆ ਕਰ-ਇਹ ਹੈ 'ਹਲਾਲ', ਇਹ, ਖਾਣਾ ਖਾਇਆ ਕਰ।
46512	1084	ਦਿਲ ਦਰੀਆਉ ਧੋਵਹੁ ਮੈਲਾਣਾ॥		Dhil Dhareeaao Dhhovahu Mailaanaa ||	Wash away pollution with the river of your heart.	(ਦਿਲ ਵਿਚੋਂ ਵਿਤਕਰੇ ਕੱਢ ਕੇ) ਦਿਲ ਨੂੰ ਦਰੀਆ ਬਣਾਣ ਦਾ ਜਤਨ ਕਰ, (ਇਸ ਤਰ੍ਹਾਂ) ਦਿਲ ਦੀ (ਵਿਕਾਰਾਂ ਦੀ) ਮੈਲ ਧੋਇਆ ਕਰ।

46513	1084	ਪੀਰੁ ਪਛਾਣੈ ਭਿਸਤੀ ਸੋਈ ਅਜਰਾਈਲੁ ਨ ਦੋਜ ਠਰਾ॥੧੧॥	(ਦੋਜ) ਦੋਜ਼ਕ। (ਠਰਾ) ਠਹਿਰਾਏਗਾ	Peer Pashhaanai Bhisathee Soee Ajaraaeel N Dhoj Tharaa ||11||	One who realizes the Prophet attains heaven. Azraa-eel, the Messenger of Death, does not cast him into hell. ||11||	ਹੇ ਅੱਲਾ ਦੇ ਬੰਦੇ! ਜਿਹੜਾ ਮਨੁੱਖ ਆਪਣੇ ਗੁਰੂ-ਪੀਰ (ਦੇ ਹੁਕਮ) ਨੂੰ ਪਛਾਣਦਾ ਹੈ, ਉਹ ਬਹਿਸ਼ਤ ਦਾ ਹੱਕਦਾਰ ਬਣ ਜਾਂਦਾ ਹੈ, ਅਜ਼ਰਾਈਲ ਉਸ ਨੂੰ ਦੋਜ਼ਕ ਵਿਚ ਨਹੀਂ ਸੁੱਟਦਾ ॥੧੧॥
46514	1084	ਕਾਇਆ ਕਿਰਦਾਰ ਅਉਰਤ ਯਕੀਨਾ॥	ਯਕੀਨਾ: ਯ ਤਾਲ਼ੂ ਤੋਂ ਬੋਲੋ	Kaaeiaa Kiradhaar Aourath Yakeenaa ||	Let good deeds be your body, and faith your bride.	ਹੇ ਖ਼ੁਦਾ ਦੇ ਬੰਦੇ! ਆਪਣੇ ਇਸ ਸਰੀਰ ਨੂੰ, ਜਿਸ ਦੀ ਰਾਹੀਂ ਸਦਾ ਚੰਗੇ ਮੰਦੇ ਕਰਮ ਕੀਤੇ ਜਾਂਦੇ ਹਨ ਆਪਣੀ ਵਫ਼ਾਦਾਰ ਔਰਤ (ਪਤਿਬ੍ਰਤਾ ਇਸਤ੍ਰੀ) ਬਣਾ,
46515	1084	ਰੰਗ ਤਮਾਸੇ ਮਾਣਿ ਹਕੀਨਾ॥	ਮਨ ਇੰਦ੍ਰੀਆਂ ਨੂੰ (ਹਕੀਨਾ) ਵੱਸ ਕਰਕੇ ਰੰਗ ਤਮਾਸੇ ਮਾਣਿ	Rang Thamaasae Maan Hakeenaa ||	Play and enjoy the Lord's love and delight.	(ਤੇ, ਵਿਕਾਰਾਂ ਦੇ ਰੰਗ-ਤਮਾਸ਼ੇ ਮਾਣਨ ਦੇ ਥਾਂ, ਇਸ ਪਤਿਬ੍ਰਤਾ ਇਸਤ੍ਰੀ ਦੀ ਰਾਹੀਂ) ਰੱਬੀ ਮਿਲਾਪ ਦੇ ਰੰਗ-ਤਮਾਸ਼ੇ ਮਾਣਿਆ ਕਰ।

46516	1084	ਨਾਪਾਕ ਪਾਕੁ ਕਰਿ ਹਦੂਰਿ ਹਦੀਸਾ ਸਾਬਤ ਸੂਰਤਿ ਦਸਤਾਰ ਸਿਰਾ॥੧੨॥	ਚਰਨਕਮਲਾਂ (ਹਦੂਰਿ) ਪਾਸ। (ਨਾਪਾਕ) ਅਪਵਿੱਤ੍ਰ ਮਨ ਨੂੰ ਪਾਕੁ ਪਵਿੱਤ੍ਰ ਕਰਕੇ, ਨੇਕ ਆਚਰਣ ਉਪਦੇਸ਼ ਧਰਮ ਵਿਵਸਥਾ ਵਾਲੀ ਧਾਰਮਿਕ ਪੁਸਤਕ (ਹਦੀਸਾ) ਬਨਾਉਣਾ ਕਰਿ	Naapaak Paak Kar Hadhoor Hadheesaa Saabath Soorath Dhasathaar Siraa ||12||	Purify what is impure, and let the Lord's Presence be your religious tradition. Let your total awareness be the turban on your head. ||12||	ਹੇ ਅੱਲਾ ਦੇ ਬੰਦੇ! (ਵਿਕਾਰਾਂ ਵਿਚ) ਮਲੀਨ ਹੋ ਰਹੇ ਮਨ ਨੂੰ ਪਵਿੱਤਰ ਕਰਨ ਦਾ ਜਤਨ ਕਰ-ਇਹੀ ਹੈ ਰੱਬੀ ਮਿਲਾਪ ਪੈਦਾ ਕਰਨ ਵਾਲੀ ਸ਼ਰਹ ਦੀ ਕਿਤਾਬ। (ਸੁੰਨਤਿ, ਲਬਾਂ ਕਟਾਣ ਆਦਿਕ ਸ਼ਰਹ ਨੂੰ ਛੱਡ ਕੇ) ਆਪਣੀ ਸ਼ਕਲ ਨੂੰ ਜਿਉਂ ਕਾ ਤਿਉਂ ਰੱਖ-ਇਹ (ਲੋਕ ਪਰਲੋਕ ਵਿਚ) ਇੱਜ਼ਤ-ਆਦਰ ਪ੍ਰਾਪਤ ਕਰਨ ਦਾ ਵਸੀਲਾ ਬਣ ਜਾਂਦਾ ਹੈ ॥੧੨॥
46517	1084	ਮੁਸਲਮਾਣੁ ਮੋਮ ਦਿਲਿ ਹੋਵੈ॥		Musalamaan Mom Dhil Hovai ||	To be Muslim is to be kind-hearted,	ਹੇ ਖ਼ੁਦਾ ਦੇ ਬੰਦੇ! (ਅਸਲ) ਮੁਸਲਮਾਨ ਉਹ ਹੈ ਜੋ ਮੋਮ ਵਰਗੇ ਨਰਮ ਦਿਲ ਵਾਲਾ ਹੁੰਦਾ ਹੈ,
46518	1084	ਅੰਤਰ ਕੀ ਮਲੁ ਦਿਲ ਤੇ ਧੋਵੈ॥		Anthar Kee Mal Dhil Thae Dhhovai ||	And wash away pollution from within the heart.	ਅਤੇ ਜੋ ਆਪਣੇ ਦਿਲ ਤੋਂ ਅੰਦਰਲੀ (ਵਿਕਾਰਾਂ ਦੀ) ਮੈਲ ਧੋ ਦੇਂਦਾ ਹੈ।
46519	1084	ਦੁਨੀਆ ਰੰਗ ਨ ਆਵੈ ਨੇੜੈ ਜਿਉ ਕੁਸਮ ਪਾਟੁ ਘਿਉ ਪਾਕੁ ਹਰਾ॥੧੩॥	(ਕੁਸਮ) ਫੁੱਲ। (ਪਾਟੁ) ਰੇਸ਼ਮ। (ਪਾਕੁ) ਪਵਿੱਤ੍ਰ।(ਹਰਾ) ਮ੍ਰਿਗਾਨ ਹਰਨ ਦਾ ਚੰਮ	Dhuneeaa Rang N Aavai Naerrai Jio Kusam Paatt Ghio Paak Haraa ||13||	He does not even approach worldly pleasures; he is pure, like flowers, silk, ghee and the deer-skin. ||13||	(ਉਹ ਮੁਸਲਮਾਨ) ਦੁਨੀਆ ਦੇ ਰੰਗ-ਤਮਾਸ਼ਿਆਂ ਦੇ ਨੇੜੇ ਨਹੀਂ ਢੁਕਦਾ (ਜੋ ਇਉਂ ਪਵਿੱਤਰ ਰਹਿੰਦਾ ਹੈ) ਜਿਵੇਂ ਫੁੱਲ ਰੇਸ਼ਮ ਘਿਉ ਅਤੇ ਮ੍ਰਿਗਛਾਲਾ ਪਵਿੱਤਰ (ਰਹਿੰਦੇ ਹਨ) ॥੧੩॥

46520	1084	ਜਾ ਕਉ ਮਿਹਰ ਮਿਹਰ ਮਿਹਰਵਾਨਾ॥		Jaa Ko Mihar Mihar Miharavaanaa ||	One who is blessed with the mercy and compassion of the Merciful Lord,	ਹੇ ਖ਼ੁਦਾ ਦੇ ਬੰਦੇ! ਜਿਸ ਮਨੁੱਖ ਉੱਤੇ ਮਿਹਰਵਾਨ (ਮੌਲਾ) ਦੀ ਹਰ ਵੇਲੇ ਮਿਹਰ ਰਹਿੰਦੀ ਹੈ,
46521	1084	ਸੋਈ ਮਰਦੁ ਮਰਦੁ ਮਰਦਾਨਾ॥		Soee Maradh Maradh Maradhaanaa ||	Is the manliest man among men.	(ਵਿਕਾਰਾਂ ਦੇ ਟਾਕਰੇ ਤੇ) ਉਹੀ ਮਨੁੱਖ ਸੂਰਮਾ ਮਰਦ (ਸਾਬਤ ਹੁੰਦਾ) ਹੈ।
46522	1084	ਸੋਈ ਸੇਖੁ ਮਸਾਇਕੁ ਹਾਜੀ ਸੋ ਬੰਦਾ ਜਿਸੁ ਨਜਰਿ ਨਰਾ॥੧੪॥		Soee Saekh Masaaeik Haajee So Bandhaa Jis Najar Naraa ||14||	He alone is a Shaykh, a preacher, a Haji, and he alone is God's slave, who is blessed with God's Grace. ||14||	ਉਹੀ ਹੈ (ਅਸਲ) ਸ਼ੇਖ਼ ਮਸਾਇਕ ਤੇ ਹਾਜੀ, ਉਹੀ ਹੈ (ਅਸਲ) ਖ਼ੁਦਾ ਦਾ ਬੰਦਾ ਜਿਸ ਉੱਤੇ ਖ਼ੁਦਾ ਦੀ ਮਿਹਰ ਦੀ ਨਿਗਾਹ ਰਹਿੰਦੀ ਹੈ ॥੧੪॥
46523	1084	ਕੁਦਰਤਿ ਕਾਦਰ ਕਰਣ ਕਰੀਮਾ॥		Kudharath Kaadhar Karan Kareemaa ||	The Creator Lord has Creative Power; the Merciful Lord has Mercy.	ਹੇ ਨਾਨਕ! ਹੇ ਖ਼ੁਦਾ ਦੇ ਬੰਦੇ! ਕਾਦਰ ਦੀ ਕੁਦਰਤਿ ਨੂੰ, ਬਖ਼ਸ਼ਿੰਦ ਮਾਲਕ ਦੇ ਰਚੇ ਜਗਤ ਨੂੰ,
46524	1084	ਸਿਫਤਿ ਮੁਹਬਤਿ ਅਥਾਹ ਰਹੀਮਾ॥		Sifath Muhabath Athhaah Reheemaa ||	The Praises and the Love of the Merciful Lord are unfathomable.	ਬੇਅੰਤ ਡੂੰਘੇ ਰਹਿਮ-ਦਿਲ ਖ਼ੁਦਾ ਦੀ ਮੁਹੱਬਤ ਤੇ ਸਿਫ਼ਤ-ਸਾਲਾਹ ਨੂੰ,

46525	1084	ਹਕੁ ਹੁਕਮੁ ਸਚੁ ਖੁਦਾਇਆ ਬੁਝਿ ਨਾਨਕ ਬੰਦਿ ਖਲਾਸ ਤਰਾ॥੧੫॥੩॥੧੨॥	ਔਗੁਣਾਂ ਦੇਬੰਦਿ ਬੰਧਨ ਤੋਂ (ਖਲਾਸ) ਛੁੱਟ ਕੇ (ਤਰਾ) ਤਰਨਾ ਕਰ। ਹੱਕੁ, ਬੁੱਝਿ	Hak Hukam Sach Khudhaaeiaa Bujh Naanak Bandh Khalaas Tharaa ||15||3||12||	Realize the True Hukam, the Command of the Lord, O Nanak; you shall be released from bondage, and carried across. ||15||3||12||	ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੇ ਹੁਕਮ ਨੂੰ, ਸਦਾ ਕਾਇਮ ਰਹਿਣ ਵਾਲੇ ਖ਼ੁਦਾ ਨੂੰ ਸਮਝ ਕੇ ਮਾਇਆ ਦੇ ਮੋਹ ਦੇ ਬੰਧਨਾਂ ਤੋਂ ਖ਼ਲਾਸੀ ਹੋ ਜਾਂਦੀ ਹੈ, ਤੇ, ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ ॥੧੫॥੩॥੧੨॥
46526	1084	ਮਾਰੂ ਮਹਲਾ ੫॥		Maaroo Mehalaa 5 ||	Maaroo, Fifth Mehl:	
46527	1084	ਪਾਰਬ੍ਰਹਮ ਸਭ ਊਚ ਬਿਰਾਜੇ॥		Paarabreham Sabh Ooch Biraajae ||	The Abode of the Supreme Lord God is above all.	ਪਰਮਾਤਮਾ ਸਭ ਤੋਂ ਉੱਚੇ (ਆਤਮਕ) ਟਿਕਾਣੇ ਉੱਤੇ ਟਿਕਿਆ ਰਹਿੰਦਾ ਹੈ,
46528	1084	ਆਪੇ ਥਾਪਿ ਉਥਾਪੇ ਸਾਜੇ॥		Aapae Thhaap Outhhaapae Saajae ||	He Himself establishes, establishes and creates.	ਉਹ ਆਪ ਹੀ (ਸਭ ਨੂੰ) ਪੈਦਾ ਕਰ ਕੇ ਆਪ ਹੀ ਨਾਸ ਕਰਦਾ ਹੈ, ਉਹ ਆਪ ਹੀ ਰਚਨਾ ਰਚਦਾ ਹੈ।

46529	1084	ਪ੍ਰਭ ਕੀ ਸਰਣਿ ਗਹਤ ਸੁਖੁ ਪਾਈਐ ਕਿਛੁ ਭਉ ਨ ਵਿਆਪੈ ਬਾਲ ਕਾ॥੧॥	ਗੁਰਬਾਣੀ ਜੀ ਵਿੱਚ ਇਹ ਸਬਦ ਵੀ ਆਉਣਗੇ: ਬਾਲ ਕਾ, ਕਾਲ ਕਾ, ਨਾਲ ਕਾ, ਅਨਾਲ ਕਾ। ਇਹ ਸਾਰੇ ਵੱਖਰੇ ਪੜ੍ਹਨੇ ਜੀ। ਬਾਕੀ ਕੱਕੇ ਇਕੱਠੇ ਸਾਰੇ ਸੋਹਿਲੇ ਬਾਣੀ ਚ, ਜਿਵੇਂ-ਤਾਰਿਕਾ ਮੰਡਲ ਜਨਕ ਮੋਤੀ। (ਬਾਲ) ਮਾਇਆ	Prabh Kee Saran Gehath Sukh Paaeeai Kishh Bho N Viaapai Baal Kaa ||1||	Holding tight to the Sanctuary of God, peace is found, and one is not afflicted by the fear of Maya. ||1||	ਉਸ ਪਰਮਾਤਮਾ ਦਾ ਆਸਰਾ ਲਿਆਂ ਆਤਮਕ ਆਨੰਦ ਪ੍ਰਾਪਤ ਹੋਇਆ ਰਹਿੰਦਾ ਹੈ, ਮਾਇਆ ਦੇ ਮੋਹ ਦਾ ਡਰ ਰਤਾ ਵੀ ਆਪਣਾ ਜ਼ੋਰ ਨਹੀਂ ਪਾ ਸਕਦਾ ॥੧॥
46530	1084	ਗਰਭ ਅਗਨਿ ਮਹਿ ਜਿਨਹਿ ਉਬਾਰਿਆ॥		Garabh Agan Mehi Jinehi Oubaariaa ||	He saved you from the fire of the womb,	ਜਿਸ ਪਰਮਾਤਮਾ ਨੇ (ਜੀਵ ਨੂੰ) ਮਾਂ ਦੇ ਪੇਟ ਦੀ ਅੱਗ ਵਿਚ ਬਚਾਈ ਰੱਖਿਆ,
46531	1084	ਰਕਤ ਕਿਰਮ ਮਹਿ ਨਹੀ ਸੰਘਾਰਿਆ॥		Rakath Kiram Mehi Nehee Sanghaariaa ||	And did not destroy you, when you were an egg in your mother's ovary.	ਜਿਸ ਨੇ ਮਾਂ ਦੀ ਰੱਤ ਦੇ ਕਿਰਮਾਂ ਵਿਚ (ਜੀਵ ਨੂੰ) ਮਰਨ ਨਾਹ ਦਿੱਤਾ,
46532	1084	ਅਪਨਾ ਸਿਮਰਨੁ ਦੇ ਪ੍ਰਤਿਪਾਲਿਆ ਓਹੁ ਸਗਲ ਘਟਾ ਕਾ ਮਾਲਕਾ॥੨॥		Apanaa Simaran Dhae Prathipaaliaa Ouhu Sagal Ghattaa Kaa Maalakaa ||2||	Blessing you with meditative remembrance upon Himself, He nurtured you and cherished you; He is the Master of all hearts. ||2||	ਉਸ ਨੇ (ਤਦੋਂ) ਆਪਣੇ (ਨਾਮ ਦਾ) ਸਿਮਰਨ ਦੇ ਕੇ ਰੱਖਿਆ ਕੀਤੀ। ਉਹ ਪ੍ਰਭੂ ਸਾਰੇ ਜੀਵਾਂ ਦਾ ਮਾਲਕ ਹੈ ॥੨॥

46533	1084	ਚਰਣਕਮਲ ਸਰਣਾਈ ਆਇਆ॥		Charan Kamal Saranaaee Aaeiaa ||	I have come to the Sanctuary of His lotus feet.	ਜਿਹੜਾ ਮਨੁੱਖ ਪ੍ਰਭੂ ਦੇ ਸੋਹਣੇ ਚਰਨਾਂ ਦੀ ਸਰਨ ਵਿਚ ਆ ਜਾਂਦਾ ਹੈ,
46534	1084	ਸਾਧਸੰਗਿ ਹੈ ਹਰਿ ਜਸੁ ਗਾਇਆ॥		Saadhhasang Hai Har Jas Gaaeiaa ||	In the Saadh Sangat, the Company of the Holy, I sing the Praises of the Lord.	ਜਿਹੜਾ ਮਨੁੱਖ ਸਾਧ ਸੰਗਤ ਵਿਚ (ਰਹਿ ਕੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ,
46535	1084	ਜਨਮ ਮਰਣ ਸਭਿ ਦੂਖ ਨਿਵਾਰੇ ਜਪਿ ਹਰਿ ਹਰਿ ਭਉ ਨਹੀ ਕਾਲ ਕਾ॥੩॥		Janam Maran Sabh Dhookh Nivaarae Jap Har Har Bho Nehee Kaal Kaa ||3||	I have erased all the pains of birth and death; meditating on the Lord, Har, Har, I have no fear of death. ||3||	ਪਰਮਾਤਮਾ ਉਸ ਦੇ ਸਾਰੀ ਉਮਰ ਦੇ ਦੁੱਖ ਦੂਰ ਕਰ ਦੇਂਦਾ ਹੈ। ਪਰਮਾਤਮਾ ਦਾ ਨਾਮ ਜਪ ਜਪ ਕੇ ਉਸ ਨੂੰ (ਆਤਮਕ) ਮੌਤ ਦਾ ਡਰ ਨਹੀਂ ਰਹਿ ਜਾਂਦਾ ॥੩॥
46536	1084	ਸਮਰਥ ਅਕਥ ਅਗੋਚਰ ਦੇਵਾ॥	ਸਮਰੱਥ, ਅ-ਕਥ: ਪੋਲਾ ਬੋਲੋ	Samarathh Akathh Agochar Dhaevaa ||	God is all-powerful, indescribable, unfathomable and divine.	ਪਰਮਾਤਮਾ ਸਭ ਤਾਕਤਾਂ ਦਾ ਮਾਲਕ ਹੈ, ਉਸ ਦਾ ਸਰੂਪ ਸਹੀ ਤਰ੍ਹਾਂ ਬਿਆਨ ਨਹੀਂ ਕੀਤਾ ਜਾ ਸਕਦਾ, ਉਹ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਉਹ ਨੂਰ ਹੀ ਨੂਰ ਹੈ।
46537	1084	ਜੀਅ ਜੰਤ ਸਭਿ ਤਾ ਕੀ ਸੇਵਾ॥		Jeea Janth Sabh Thaa Kee Saevaa ||	All beings and creatures serve Him.	ਸਾਰੇ ਜੀਆ-ਜੰਤਾਂ ਨੂੰ ਉਸੇ ਦਾ ਹੀ ਆਸਰਾ ਹੈ।

46538	1084	ਅੰਡਜ ਜੇਰਜ ਸੇਤਜ ਉਤਭੁਜ ਬਹੁ ਪਰਕਾਰੀ ਪਾਲਕਾ॥੪॥		Anddaj Jaeraj Saethaj Outhabhuj Bahu Parakaaree Paalakaa ||4||	In so many ways, He cherishes those born from eggs, from the womb, from sweat and from the earth. ||4||	ਅੰਡਜ ਜੇਰਜ ਸੇਤਜ ਉਤਭੁਜ- ਇਹਨਾਂ ਚੌਹਾਂ ਹੀ ਖਾਣੀਆਂ ਦੇ ਜੀਵਾਂ ਨੂੰ ਉਹ ਕਈ ਤਰੀਕਿਆਂ ਨਾਲ ਪਾਲਣ ਵਾਲਾ ਹੈ ॥੪॥
46539	1084	ਤਿਸਹਿ ਪਰਾਪਤਿ ਹੋਇ ਨਿਧਾਨਾ॥		Thisehi Paraapath Hoe Nidhhaanaa ||	He alone obtains this wealth,	ਉਸ ਉਸ ਮਨੁੱਖ ਨੂੰ ਹੀ (ਨਾਮ ਦਾ) ਖ਼ਜ਼ਾਨਾ ਮਿਲਦਾ ਹੈ,
46540	1084	ਰਾਮ ਨਾਮ ਰਸੁ ਅੰਤਰਿ ਮਾਨਾ॥		Raam Naam Ras Anthar Maanaa ||	Who savors and enjoys, deep within his mind, the Name of the Lord.	ਉਹੀ ਮਨੁੱਖ ਪਰਮਾਤਮਾ ਦੇ ਨਾਮ ਦਾ ਆਨੰਦ ਆਪਣੇ ਅੰਦਰ ਮਾਣਦੇ ਹਨ,
46541	1084	ਕਰੁ ਗਹਿ ਲੀਨੇ ਅੰਧ ਕੂਪ ਤੇ ਵਿਰਲੇ ਕੇਈ ਸਾਲਕਾ॥੫॥		Kar Gehi Leenae Andhh Koop Thae Viralae Kaeee Saalakaa ||5||	Grasping hold of his arm, God lifts him up and pulls him out of the deep, dark pit. Such a devotee of the Lord is very rare. ||5||	ਜਿਨ੍ਹਾਂ ਨੂੰ (ਉਹਨਾਂ ਦਾ) ਹੱਥ ਫੜ ਕੇ (ਪਰਮਾਤਮਾ ਮਾਇਆ ਦੇ ਮੋਹ ਦੇ) ਅੰਨ੍ਹੇ ਖੂਹ ਵਿਚੋਂ ਕੱਢ ਲੈਂਦਾ ਹੈ। ਪਰ, ਅਜਿਹੇ ਕੋਈ ਵਿਰਲੇ ਹੀ ਸੰਤ ਹੁੰਦੇ ਹਨ ॥੫॥
46542	1085	ਆਦਿ ਅੰਤਿ ਮਧਿ ਪ੍ਰਭੁ ਸੋਈ॥		Aadh Anth Madhh Prabh Soee ||	God exists in the beginning, in the middle and in the end.	ਉਹਨਾਂ ਮਨੁੱਖਾਂ ਨੂੰ (ਜਗਤ ਦੇ) ਆਦਿ ਵਿਚ ਹੁਣ ਅਖ਼ੀਰ ਵਿਚ (ਕਾਇਮ ਰਹਿਣ ਵਾਲਾ) ਉਹ ਪਰਮਾਤਮਾ ਹੀ ਦਿੱਸਦਾ ਹੈ,
46543	1085	ਆਪੇ ਕਰਤਾ ਕਰੇ ਸੁ ਹੋਈ॥		Aapae Karathaa Karae S Hoee ||	Whatever the Creator Lord Himself does, comes to pass.	(ਉਹਨਾਂ ਨੂੰ ਨਿਸ਼ਚਾ ਹੁੰਦਾ ਹੈ ਕਿ) ਕਰਤਾਰ ਆਪ ਹੀ ਜੋ ਕੁਝ ਕਰਦਾ ਹੈ ਉਹੀ ਹੁੰਦਾ ਹੈ,

46544	1085	ਭ੍ਰਮੁ ਭਉ ਮਿਟਿਆ ਸਾਧਸੰਗ ਤੇ ਦਾਲਿਦ ਨ ਕੋਈ ਘਾਲਕਾ॥੬॥		Bhram Bho Mittiaa Saadhhasang Thae Dhaalidh N Koee Ghaalakaa ||6||	Doubt and fear are erased, in the Saadh Sangat, the Company of the Holy, and then one is not afflicted by deadly pain. ||6||	ਸਾਧ ਸੰਗਤ ਦੀ ਬਰਕਤਿ ਨਾਲ ਜਿਨ੍ਹਾਂ ਮਨੁੱਖਾਂ ਦੀ ਹਰੇਕ ਭਟਕਣਾ ਜਿਨ੍ਹਾਂ ਦਾ ਹਰੇਕ ਡਰ ਦੂਰ ਹੋ ਜਾਂਦਾ ਹੈ। ਕੋਈ ਭੀ ਦੁੱਖ-ਕਲੇਸ਼ ਉਹਨਾਂ ਦੀ ਆਤਮਕ ਮੌਤ ਨਹੀਂ ਲਿਆ ਸਕਦੇ ॥੬॥
46545	1085	ਊਤਮ ਬਾਣੀ ਗਾਉ ਗੁਪਾਲਾ॥	ਗੁਪਾਲਾ: ਹੋੜੇ ਔਂਕੜ ਵਿਚਾਲੇ ਬੋਲੋ	Ootham Baanee Gaao Guopaalaa ||	I sing the most Sublime Bani, the Word of the Lord of the Universe.	ਜੀਵਨ ਨੂੰ ਉੱਚਾ ਕਰਨ ਵਾਲੀ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਗਾਇਆ ਕਰੋ,
46546	1085	ਸਾਧਸੰਗਤਿ ਕੀ ਮੰਗਹੁ ਰਵਾਲਾ॥		Saadhhasangath Kee Mangahu Ravaalaa ||	I beg for the dust of the feet of the Saadh Sangat.	(ਹਰ ਵੇਲੇ) ਸਾਧ ਸੰਗਤ ਦੀ ਚਰਨ-ਧੂੜ ਮੰਗਿਆ ਕਰੋ,
46547	1085	ਬਾਸਨ ਮੇਟਿ ਨਿਬਾਸਨ ਹੋਈਐ ਕਲਮਲ ਸਗਲੇ ਜਾਲਕਾ॥੭॥	(ਬਾਸਨ) ਵਾਸ਼ਨਾ। (ਨਿਬਾਸਨ) ਵਾਸ਼ਨਾ ਰਹਿਤ	Baasan Maett Nibaasan Hoeeai Kalamal Sagalae Jaalakaa ||7||	Eradicating desire, I have become free of desire; I have burnt away all my sins. ||7||	(ਇਸ ਤਰ੍ਹਾਂ ਆਪਣੇ ਅੰਦਰ ਦੀਆਂ) ਸਾਰੀਆਂ ਵਾਸਨਾਂ ਮਿਟਾ ਕੇ ਵਾਸਨਾ-ਰਹਿਤ ਹੋ ਜਾਈਦਾ ਹੈ, ਅਤੇ ਆਪਣੇ ਸਾਰੇ ਪਾਪ ਸਾੜ ਲਈਦੇ ਹਨ ॥੭॥
46548	1085	ਸੰਤਾ ਕੀ ਇਹ ਰੀਤਿ ਨਿਰਾਲੀ॥	ਸੰਤਾਂ	Santhaa Kee Eih Reeth Niraalee ||	This is the unique way of the Saints;	ਸੰਤ ਜਨਾਂ ਦੀ (ਦੁਨੀਆ ਦੇ ਲੋਕਾਂ ਨਾਲੋਂ) ਇਹ ਵੱਖਰੀ ਹੀ ਜੀਵਨ-ਚਾਲ ਹੈ,
46549	1085	ਪਾਰਬ੍ਰਹਮੁ ਕਰਿ ਦੇਖਹਿ ਨਾਲੀ॥		Paarabreham Kar Dhaekhehi Naalee ||	They behold the Supreme Lord God with them.	ਕਿ ਉਹ ਪਰਮਾਤਮਾ ਨੂੰ (ਸਦਾ ਆਪਣੇ) ਨਾਲ ਹੀ ਵੱਸਦਾ ਵੇਖਦੇ ਹਨ।

46550	1085	ਸਾਸਿ ਸਾਸਿ ਆਰਾਧਨਿ ਹਰਿ ਹਰਿ ਕਿਉ ਸਿਮਰਤ ਕੀਜੈ ਆਲਕਾ॥੮॥		Saas Saas Aaraadhhan Har Har Kio Simarath Keejai Aalakaa ||8||	With each and every breath, they worship and adore the Lord, Har, Har. How could anyone be too lazy to meditate on Him? ||8||	ਸੰਤ ਜਨ ਹਰੇਕ ਸਾਹ ਦੇ ਨਾਲ ਪਰਮਾਤਮਾ ਦਾ ਆਰਾਧਨ ਕਰਦੇ ਰਹਿੰਦੇ ਹਨ (ਉਹ ਜਾਣਦੇ ਹਨ ਕਿ) ਪਰਮਾਤਮਾ ਦਾ ਨਾਮ ਸਿਮਰਦਿਆਂ ਕਦੇ ਆਲਸ ਨਹੀਂ ਕਰਨਾ ਚਾਹੀਦਾ ॥੮॥
46551	1085	ਜਹ ਦੇਖਾ ਤਹ ਅੰਤਰਜਾਮੀ॥		Jeh Dhaekhaa Theh Antharajaamee ||	Wherever I look, there I see the Inner-knower, the Searcher of hearts.	ਹੇ ਹਰੇਕ ਦੇ ਦਿਲ ਦੀ ਜਾਣਨ ਵਾਲੇ! ਮੈਂ ਜਿਧਰ ਵੇਖਦਾ ਹਾਂ, ਉਧਰ (ਮੈਨੂੰ ਤੂੰ ਹੀ ਦਿੱਸਦਾ ਹੈਂ)।
46552	1085	ਨਿਮਖ ਨ ਵਿਸਰਹੁ ਪ੍ਰਭ ਮੇਰੇ ਸੁਆਮੀ॥		Nimakh N Visarahu Prabh Maerae Suaamee ||	I never forget God, my Lord and Master, even for an instant.	ਹੇ ਮੇਰੇ ਮਾਲਕ-ਪ੍ਰਭੂ! (ਮਿਹਰ ਕਰ, ਮੈਨੂੰ) ਅੱਖ ਝਮਕਣ ਜਿਤਨੇ ਸਮੇ ਲਈ ਭੀ ਨਾਹ ਵਿਸਰ।
46553	1085	ਸਿਮਰਿ ਸਿਮਰਿ ਜੀਵਹਿ ਤੇਰੇ ਦਾਸਾ ਬਨਿ ਜਲਿ ਪੂਰਨ ਥਾਲਕਾ॥੯॥		Simar Simar Jeevehi Thaerae Dhaasaa Ban Jal Pooran Thhaalakaa ||9||	Your slaves live by meditating, meditating in remembrance on the Lord; You are permeating the woods, the water and the land. ||9||	ਹੇ ਪ੍ਰਭੂ! ਤੇਰੇ ਦਾਸ ਤੈਨੂੰ ਸਿਮਰ ਸਿਮਰ ਕੇ ਆਤਮਕ ਜੀਵਨ ਹਾਸਲ ਕਰਦੇ ਰਹਿੰਦੇ ਹਨ। ਹੇ ਪ੍ਰਭੂ! ਤੂੰ ਜੰਗਲ ਵਿਚ ਜਲ ਵਿਚ ਥਲ ਵਿਚ (ਹਰ ਥਾਂ ਵੱਸਦਾ ਹੈਂ) ॥੯॥
46554	1085	ਤਤੀ ਵਾਉ ਨ ਤਾ ਕਉ ਲਾਗੈ॥		Thathee Vaao N Thaa Ko Laagai ||	Even the hot wind does not touch one	ਉਸ ਮਨੁੱਖ ਨੂੰ ਰਤਾ ਭਰ ਭੀ ਕੋਈ ਦੁੱਖ ਪੋਹ ਨਹੀਂ ਸਕਦਾ,

46555	1085	ਸਿਮਰਤ ਨਾਮੁ ਅਨ ਦਿਨੁ ਜਾਗੈ॥		Simarath Naam Anadhin Jaagai ||	Who remains awake in meditative remembrance, night and day.	ਜਿਹੜਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਿਆਂ ਹਰ ਵੇਲੇ (ਵਿਕਾਰਾਂ ਦੇ ਹੱਲਿਆਂ ਵੱਲੋਂ) ਸੁਚੇਤ ਰਹਿੰਦਾ ਹੈ।
46556	1085	ਅਨਦ ਬਿਨੋਦ ਕਰੇ ਹਰਿ ਸਿਮਰਨੁ ਤਿਸੁ ਮਾਇਆ ਸੰਗਿ ਨ ਤਾਲਕਾ॥੧੦॥		Anadh Binodh Karae Har Simaran This Maaeiaa Sang N Thaalakaa ||10||	He delights and enjoys meditative remembrance on the Lord; he has no attachment to Maya. ||10||	ਉਹ ਮਨੁੱਖ (ਜਿਉਂ ਜਿਉਂ) ਪਰਮਾਤਮਾ ਦੇ ਨਾਮ ਦਾ ਸਿਮਰਨ ਕਰਦਾ ਹੈ (ਤਿਉਂ ਤਿਉਂ) ਆਤਮਕ ਆਨੰਦ ਮਾਣਦਾ ਹੈ, ਉਸ ਦਾ ਮਾਇਆ ਦੇ ਨਾਲ ਡੂੰਘਾ ਸੰਬੰਧ ਨਹੀਂ ਬਣਦਾ ॥੧੦॥
46557	1085	ਰੋਗ ਸੋਗ ਦੂਖ ਤਿਸੁ ਨਾਹੀ॥		Rog Sog Dhookh This Naahee ||	Disease, sorrow and pain do not affect him;	ਉਸ ਉਸ ਮਨੁੱਖ ਨੂੰ ਕੋਈ ਰੋਗ ਸੋਗ ਦੁੱਖ ਪੋਹ ਨਹੀਂ ਸਕਦੇ,
46558	1085	ਸਾਧਸੰਗਿ ਹਰਿ ਕੀਰਤਨੁ ਗਾਹੀ॥		Saadhhasang Har Keerathan Gaahee ||	He sings the Kirtan of the Lord's Praises in the Saadh Sangat, the Company of the Holy.	ਜਿਹੜੇ ਗੁਰੂ ਦੀ ਸੰਗਤ ਵਿਚ ਟਿਕ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ।
46559	1085	ਆਪਣਾ ਨਾਮੁ ਦੇਹਿ ਪ੍ਰਭ ਪ੍ਰੀਤਮ ਸੁਣਿ ਬੇਨੰਤੀ ਖਾਲਕਾ॥੧੧॥		Aapanaa Naam Dhaehi Prabh Preetham Sun Baenanthee Khaalakaa ||11||	Please bless me with Your Name, O my Beloved Lord God; please listen to my prayer, O Creator. ||11||	ਹੇ ਪ੍ਰੀਤਮ ਪ੍ਰਭੂ! ਹੇ ਖ਼ਲਕਤ ਦੇ ਪੈਦਾ ਕਰਨ ਵਾਲੇ! (ਮੇਰੀ ਭੀ) ਬੇਨਤੀ ਸੁਣ, (ਮੈਨੂੰ ਭੀ) ਆਪਣਾ ਨਾਮ ਦੇਹ ॥੧੧॥
46560	1085	ਨਾਮ ਰਤਨੁ ਤੇਰਾ ਹੈ ਪਿਆਰੇ॥		Naam Rathan Thaeraa Hai Piaarae ||	Your Name is a jewel, O my Beloved Lord.	ਹੇ ਪਿਆਰੇ! ਤੇਰਾ ਨਾਮ ਬਹੁਤ ਹੀ ਕੀਮਤੀ ਪਦਾਰਥ ਹੈ।

46561	1085	ਰੰਗਿ ਰਤੇ ਤੇਰੈ ਦਾਸ ਅਪਾਰੇ॥		Rang Rathae Thaerai Dhaas Apaarae ||	Your slaves are imbued with Your Infinite Love.	ਹੇ ਬੇਅੰਤ ਪ੍ਰਭੂ! ਤੇਰੇ ਦਾਸ ਤੇਰੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ।
46562	1085	ਤੇਰੈ ਰੰਗਿ ਰਤੇ ਤੁਧੁ ਜੇਹੇ ਵਿਰਲੇ ਕੇਈ ਭਾਲਕਾ॥੧੨॥		Thaerai Rang Rathae Thudhh Jaehae Viralae Kaeee Bhaalakaa ||12||	Those who are imbued with Your Love, become like You; it is so rare that they are found. ||12||	ਹੇ ਪ੍ਰਭੂ! ਜਿਹੜੇ ਮਨੁੱਖ ਤੇਰੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹ ਤੇਰੇ ਵਰਗੇ ਹੋ ਜਾਂਦੇ ਹਨ। ਪਰ ਅਜਿਹੇ ਬੰਦੇ ਬਹੁਤ ਵਿਰਲੇ ਲੱਭਦੇ ਹਨ ॥੧੨॥
46563	1085	ਤਿਨ ਕੀ ਧੂੜਿ ਮਾਂਗੈ ਮਨੁ ਮੇਰਾ॥		Thin Kee Dhhoorr Maangai Man Maeraa ||	My mind longs for the dust of the feet of those	ਹੇ ਪ੍ਰਭੂ! ਮੇਰਾ ਮਨ ਉਹਨਾਂ ਦੇ ਚਰਨਾਂ ਦੀ ਧੂੜ ਮੰਗਦਾ ਹੈ,
46564	1085	ਜਿਨ ਵਿਸਰਹਿ ਨਾਹੀ ਕਾਹੂ ਬੇਰਾ॥	ਵਿਸਰ-ਹਿ	Jin Visarehi Naahee Kaahoo Baeraa ||	Who never forget the Lord.	ਜਿਨ੍ਹਾਂ ਮਨੁੱਖਾਂ ਨੂੰ ਤੂੰ ਕਿਸੇ ਭੀ ਵੇਲੇ ਭੁੱਲਦਾ ਨਹੀਂ।
46565	1085	ਤਿਨ ਕੈ ਸੰਗਿ ਪਰਮਪਦੁ ਪਾਈ ਸਦਾ ਸੰਗੀ ਹਰਿ ਨਾਲ ਕਾ॥੧੩॥		Thin Kai Sang Param Padh Paaee Sadhaa Sangee Har Naalakaa ||13||	Associating with them, I obtain the supreme status; the Lord, my Companion, is always with me. ||13||	(ਅਜਿਹੇ) ਉਹਨਾਂ ਮਨੁੱਖਾਂ ਦੀ ਸੰਗਤ ਵਿਚ ਮੈਂ ਭੀ (ਉਸ ਪ੍ਰਭੂ ਦੀ ਮਿਹਰ ਨਾਲ) ਉੱਚਾ ਆਤਮਕ ਦਰਜਾ ਹਾਸਲ ਕਰ ਸਕਾਂਗਾ, ਅਤੇ ਪਰਮਾਤਮਾ (ਮੇਰਾ) ਸਦਾ ਸਾਥੀ ਬਣਿਆ ਰਹੇਗਾ ॥੧੩॥
46566	1085	ਸਾਜਨੁ ਮੀਤੁ ਪਿਆਰਾ ਸੋਈ॥		Saajan Meeth Piaaraa Soee ||	He alone is my beloved friend and companion,	ਉਹੀ ਮਨੁੱਖ ਮੇਰਾ ਪਿਆਰਾ ਸਜਣ ਹੈ ਮਿੱਤਰ ਹੈ,

46567	1085	ਏਕੁ ਦ੍ਰਿੜਾਏ ਦੁਰਮਤਿ ਖੋਈ॥		Eaek Dhrirraaeae Dhuramath Khoee ||	Who implants the Name of the One Lord within, and eradicates evil-mindedness.	ਜਿਹੜਾ ਮੇਰੀ ਖੋਟੀ ਮੱਤ ਦੂਰ ਕਰ ਕੇ (ਮੇਰੇ ਹਿਰਦੇ ਵਿਚ) ਇਕ (ਪਰਮਾਤਮਾ ਦੀ ਯਾਦ) ਨੂੰ ਪੱਕਾ ਕਰ ਦੇਵੇ,
46568	1085	ਕਾਮੁ ਕ੍ਰੋਧੁ ਅਹੰਕਾਰੁ ਤਜਾਏ ਤਿਸੁ ਜਨ ਕਉ ਉਪਦੇਸੁ ਨਿਰਮਾਲਕਾ॥੧੪॥		Kaam Krodhh Ahankaar Thajaaeae This Jan Ko Oupadhaes Niramaalakaa ||14||	Immaculate are the teachings of that humble servant of the Lord, who casts out sexual desire, anger and egotism. ||14||	ਜਿਹੜਾ ਮੇਰੇ ਪਾਸੋਂ ਕਾਮ ਕ੍ਰੋਧ ਅਹੰਕਾਰ (ਦਾ ਖਹਿੜਾ) ਛਡਾ ਦੇਵੇ। ਉਸ ਮਨੁੱਖ ਨੂੰ ਅਜਿਹਾ ਉਪਦੇਸ਼ (ਫੁਰਦਾ ਹੈ ਜੋ ਸੁਣਨ ਵਾਲਿਆਂ ਨੂੰ) ਪਵਿੱਤਰ ਕਰ ਦੇਂਦਾ ਹੈ ॥੧੪॥
46569	1085	ਤੁਧੁ ਵਿਣੁ ਨਾਹੀ ਕੋਈ ਮੇਰਾ॥		Thudhh Vin Naahee Koee Maeraa ||	Other than You, O Lord, no one is mine.	ਹੇ ਪ੍ਰਭੂ! ਤੈਥੋਂ ਬਿਨਾ ਮੇਰਾ ਕੋਈ (ਸਹਾਰਾ) ਨਹੀਂ।
46570	1085	ਗੁਰਿ ਪਕੜਾਏ ਪ੍ਰਭ ਕੇ ਪੈਰਾ॥		Gur Pakarraaeae Prabh Kae Pairaa ||	The Guru has led me to grasp the feet of God.	ਗੁਰੂ ਨੇ ਮੈਨੂੰ ਪ੍ਰਭੂ ਦੇ ਪੈਰ ਫੜਾਏ ਹਨ।
46571	1085	ਹਉ ਬਲਿਹਾਰੀ ਸਤਿਗੁਰ ਪੂਰੇ ਜਿਨਿ ਖੰਡਿਆ ਭਰਮੁ ਅਨਾਲ ਕਾ॥੧੫॥		Ho Balihaaree Sathigur Poorae Jin Khanddiaa Bharam Anaalakaa ||15||	I am a sacrifice to the Perfect True Guru, who has destroyed the illusion of duality. ||15||	ਮੈਂ ਪੂਰੇ ਗੁਰੂ ਤੋਂ ਸਦਕੇ ਜਾਂਦਾ ਹਾਂ ਜਿਸ ਨੇ ਮੇਰੀ ਭਟਕਣਾ ਨਾਸ ਕੀਤੀ ਹੈ, ਜਿਸ ਨੇ ਵਿਕਾਰਾਂ ਦਾ ਝੱਖੜ ਥੰਮ੍ਹ ਲਿਆ ਹੈ ॥੧੫॥

46572	1085	ਸਾਸਿ ਸਾਸਿ ਪ੍ਰਭੁ ਬਿਸਰੈ ਨਾਹੀ॥		Saas Saas Prabh Bisarai Naahee ||	With each and every breath, I never forget God.	(ਜੇ ਪ੍ਰਭੂ ਦੀ ਮਿਹਰ ਹੋਵੇ ਤਾਂ) ਹਰੇਕ ਸਾਹ ਦੇ ਨਾਲ (ਉਸ ਨੂੰ ਸਿਮਰਦਾ ਰਹਾਂ, ਮੈਨੂੰ ਕਿਸੇ ਭੀ ਵੇਲੇ ਉਹ) ਭੁੱਲੇ ਨਾਹ।
46573	1085	ਆਠ ਪਹਰ ਹਰਿ ਹਰਿ ਕਉ ਧਿਆਈ॥		Aath Pehar Har Har Ko Dhhiaaee ||	Twenty-four hours a day, I meditate on the Lord, Har, Har.	ਮੈਂ ਅੱਠੇ ਪਹਰ ਪ੍ਰਭੂ ਦਾ ਧਿਆਨ ਧਰਦਾ ਰਹਾਂ।
46574	1085	ਨਾਨਕ ਸੰਤ ਤੇਰੈ ਰੰਗਿ ਰਾਤੇ ਤੂ ਸਮਰਥੁ ਵਡਾਲਕਾ॥੧੬॥੪॥੧੩॥		Naanak Santh Thaerai Rang Raathae Thoo Samarathh Vaddaalakaa ||16||4||13||	O Nanak, the Saints are imbued with Your Love; You are the great and all-powerful Lord. ||16||4||13||	ਹੇ ਨਾਨਕ! ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੂੰ ਸਭ ਤੋਂ ਵੱਡਾ ਹੈਂ, ਤੇਰੇ ਸੰਤ ਤੇਰੇ ਪ੍ਰੇਮ-ਰੰਗ ਵਿਚ ਸਦਾ ਰੰਗੇ ਰਹਿੰਦੇ ਹਨ ॥੧੬॥੪॥੧੩॥
46575	1085	ਮਾਰੂ ਮਹਲਾ ੫		Maaroo Mehalaa 5	Maaroo, Fifth Mehl:	ਰਾਗ ਮਾਰੂ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
46576	1085	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
46577	1085	ਚਰਨਕਮਲ ਹਿਰਦੈ ਨਿਤ ਧਾਰੀ॥		Charan Kamal Hiradhai Nith Dhhaaree ||	I enshrine the Lord's lotus feet continually within my heart.	(ਜੇ ਪ੍ਰਭੂ ਮਿਹਰ ਕਰੇ ਤਾਂ) ਮੈਂ (ਗੁਰੂ ਦੇ) ਸੋਹਣੇ ਚਰਣ ਸਦਾ (ਆਪਣੇ) ਹਿਰਦੇ ਵਿਚ ਟਿਕਾਈ ਰੱਖਾਂ,

46578	1085	ਗੁਰੁ ਪੂਰਾ ਖਿਨੁ ਖਿਨੁ ਨਮਸਕਾਰੀ॥		Gur Pooraa Khin Khin Namasakaaree ||	Each and every moment, I humbly bow to the Perfect Guru.	ਪੂਰੇ ਗੁਰੂ ਨੂੰ ਹਰੇਕ ਖਿਨ ਨਮਸਕਾਰ ਕਰਦਾ ਰਹਾਂ,
46579	1085	ਤਨੁ ਮਨੁ ਅਰਪਿ ਧਰੀ ਸਭੁ ਆਗੈ ਜਗ ਮਹਿ ਨਾਮੁ ਸੁਹਾਵਣਾ॥੧॥		Than Man Arap Dhharee Sabh Aagai Jag Mehi Naam Suhaavanaa ||1||	I dedicate my body, mind and everything, and place it in offering before the Lord. His Name is the most beautiful in this world. ||1||	ਆਪਣਾ ਤਨ ਆਪਣਾ ਮਨ ਸਭ ਕੁਝ (ਗੁਰੂ ਦੇ) ਅੱਗੇ ਭੇਟਾ ਕਰ ਕੇ ਰੱਖ ਦਿਆਂ (ਕਿਉਂਕਿ ਗੁਰੂ ਪਾਸੋਂ ਹੀ ਪਰਮਾਤਮਾ ਦਾ ਨਾਮ ਮਿਲਦਾ ਹੈ, ਤੇ) ਨਾਮ ਹੀ ਜਗਤ ਵਿਚ (ਜੀਵ ਨੂੰ) ਸੋਹਣਾ ਬਣਾਂਦਾ ਹੈ ॥੧॥
46580	1085	ਸੋ ਠਾਕੁਰੁ ਕਿਉ ਮਨਹੁ ਵਿਸਾਰੇ॥		So Thaakur Kio Manahu Visaarae ||	Why forget the Lord and Master from your mind?	ਹੇ ਭਾਈ! ਤੂੰ ਉਸ ਮਾਲਕ-ਪ੍ਰਭੂ ਨੂੰ (ਆਪਣੇ) ਮਨ ਤੋਂ ਕਿਉਂ ਭੁਲਾਂਦਾ ਹੈਂ,
46581	1085	ਜੀਉ ਪਿੰਡੁ ਦੇ ਸਾਜਿ ਸਵਾਰੇ॥		Jeeo Pindd Dhae Saaj Savaarae ||	He blessed you with body and soul, creating and embellishing you.	ਜਿਹੜਾ ਜਿੰਦ ਦੇ ਕੇ ਸਰੀਰ ਦੇ ਕੇ ਪੈਦਾ ਕਰ ਕੇ ਸੋਹਣਾ ਬਣਾਂਦਾ ਹੈ?
46582	1085	ਸਾਸਿ ਗਰਾਸਿ ਸਮਾਲੇ ਕਰਤਾ ਕੀਤਾ ਅਪਣਾ ਪਾਵਣਾ॥੨॥		Saas Garaas Samaalae Karathaa Keethaa Apanaa Paavanaa ||2||	With every breath and morsel of food, the Creator takes care of His beings, who receive according to what they have done. ||2||	ਹਰੇਕ ਸਾਹ ਦੇ ਨਾਲ ਹਰੇਕ ਗਿਰਾਹੀ ਦੇ ਨਾਲ (ਖਾਂਦਿਆਂ ਸਾਹ ਲੈਂਦਿਆਂ) ਕਰਤਾਰ ਨੂੰ ਆਪਣੇ ਹਿਰਦੇ ਵਿਚ ਸੰਭਾਲ ਰੱਖ। ਆਪਣੀ ਹੀ ਕੀਤੀ ਕਮਾਈ ਦਾ ਫਲ ਮਿਲਦਾ ਹੈ ॥੨॥
46583	1085	ਜਾ ਤੇ ਬਿਰਥਾ ਕੋਊ ਨਾਹੀ॥		Jaa Thae Birathhaa Kooo Naahee ||	No one returns empty-handed from Him;	ਜਿਸ (ਕਰਤਾਰ ਦੇ ਦਰ) ਤੋਂ ਕਦੇ ਕੋਈ ਖ਼ਾਲੀ ਨਹੀਂ ਮੁੜਦਾ,

46584	1085	ਆਠ ਪਹਰ ਹਰਿ ਰਖੁ ਮਨ ਮਾਹੀ॥		Aath Pehar Har Rakh Man Maahee ||	Twenty-four hours a day, keep the Lord in your mind.	ਉਸ ਨੂੰ ਅੱਠੇ ਪਹਰ ਮਨ ਵਿਚ ਸਾਂਭ ਰੱਖ।
46585	1086	ਸਾਧਸੰਗਿ ਭਜੁ ਅਚੁਤ ਸੁਆਮੀ ਦਰਗਹ ਸੋਭਾ ਪਾਵਣਾ॥੩॥	ਅ-ਚੁੱਤ	Saadhhasang Bhaj Achuth Suaamee Dharageh Sobhaa Paavanaa ||3||	In the Saadh Sangat, the Company of the Holy, meditate and vibrate upon your imperishable Lord and Master, and you shall be honored in the Court of the Lord. ||3||	ਉਸ ਅਬਿਨਾਸ਼ੀ ਮਾਲਕ-ਪ੍ਰਭੂ ਦਾ ਨਾਮ ਗੁਰੂ ਦੀ ਸੰਗਤ ਵਿਚ (ਰਹਿ ਕੇ) ਜਪਿਆ ਕਰ। ਪ੍ਰਭੂ ਦੀ ਹਜ਼ੂਰੀ ਵਿਚ (ਇਸ ਤਰ੍ਹਾਂ) ਇੱਜ਼ਤ ਮਿਲਦੀ ਹੈ ॥੩॥
46586	1086	ਚਾਰਿ ਪਦਾਰਥ ਅਸਟ ਦਸਾ ਸਿਧਿ॥		Chaar Padhaarathh Asatt Dhasaa Sidhh ||	The four great blessings, and the eighteen miraculous spiritual powers,	ਜੇ ਤੂੰ ਚਾਰ ਪਦਾਰਥ ਲੋੜਦਾ ਹੈਂ, ਜੇ ਤੂੰ ਆਠਾਰਾਂ ਸਿੱਧੀਆਂ ਲੋੜਦਾ ਹੈਂ,
46587	1086	ਨਾਮੁ ਨਿਧਾਨੁ ਸਹਜ ਸੁਖੁ ਨਉ ਨਿਧਿ॥		Naam Nidhhaan Sehaj Sukh No Nidhh ||	Are found in the treasure of the Naam, which brings celestial peace and poise, and the nine treasures.	ਜੇ ਤੂੰ ਦੁਨੀਆ ਦੇ ਨੌ ਹੀ ਖ਼ਜ਼ਾਨੇ ਲੋੜਦਾ ਹੈਂ, ਤਾਂ (ਯਕਰਨ ਕਰ ਕਿ) ਹਰਿ-ਨਾਮ ਹੀ (ਅਸਲ) ਖ਼ਜ਼ਾਨਾ ਹੈ, ਇਹ ਨਾਮ ਹੀ ਆਤਮਕ ਅਡੋਲਤਾ ਦਾ ਸੁਖ ਹੈ। (ਇਹ ਨਾਮ ਹੀ ਚਾਰ ਪਦਾਰਥ ਅਠਾਰਾਂ ਸਿੱਧੀਆਂ ਤੇ ਨੌ ਨਿਧੀਆਂ ਹੈ)।

46588	1086	ਸਰਬ ਕਲਿਆਣ ਜੇ ਮਨ ਮਹਿ ਚਾਹਹਿ ਮਿਲਿ ਸਾਧੂ ਸੁਆਮੀ ਰਾਵਣਾ॥੪॥	ਚਾਹ-ਹਿ	Sarab Kaliaan Jae Man Mehi Chaahehi Mil Saadhhoo Suaamee Raavanaa ||4||	If you yearn in your mind for all joys, then join the Saadh Sangat, and dwell upon your Lord and Master. ||4||	ਜੇ ਤੂੰ ਆਪਣੇ ਮਨ ਵਿਚ ਸਾਰੇ ਸੁਖ ਲੋੜਦਾ ਹੈਂ, ਤਾਂ ਗੁਰੂ ਨੂੰ ਮਿਲ ਕੇ ਮਾਲਕ-ਪ੍ਰਭੂ ਦਾ ਸਿਮਰਨ ਕਰਿਆ ਕਰ ॥੪॥
46589	1086	ਸਾਸਤ ਸਿੰਮ੍ਰਿਤਿ ਬੇਦ ਵਖਾਣੀ॥	ਸਿੰਮ-ਿ੍ਰਤਿ	Saasath Sinmrith Baedh Vakhaanee ||	The Shaastras, the Simritees and the Vedas proclaim	ਸ਼ਾਸਤ੍ਰਾਂ ਨੇ, ਸਿੰਮ੍ਰਿਤੀਆਂ ਨੇ, ਵੇਦਾਂ ਨੇ ਆਖਿਆ ਹੈ,
46590	1086	ਜਨਮੁ ਪਦਾਰਥੁ ਜੀਤੁ ਪਰਾਣੀ॥		Janam Padhaarathh Jeeth Paraanee ||	That the mortal must be victorious in this priceless human life.	ਕਿ ਹੇ ਪ੍ਰਾਣੀ! ਆਪਣੇ ਕੀਮਤੀ ਮਨੁੱਖਾ ਜਨਮ ਨੂੰ ਸਫਲਾ ਕਰ।
46591	1086	ਕਾਮੁ ਕ੍ਰੋਧੁ ਨਿੰਦਾ ਪਰਹਰੀਐ ਹਰਿ ਰਸਨਾ ਨਾਨਕ ਗਾਵਣਾ॥੫॥		Kaam Krodhh Nindhaa Parehareeai Har Rasanaa Naanak Gaavanaa ||5||	Forsaking sexual desire, anger and slander, sing of the Lord with your tongue, O Nanak. ||5||	ਹੇ ਨਾਨਕ! (ਇਹ ਸਫਲਾ ਤਾਂ ਹੀ ਹੋ ਸਕਦਾ ਹੈ ਜੇ) ਜੀਭ ਨਾਲ ਪਰਮਾਤਮਾ ਦੀ ਸਿਫ਼ਤ-ਸਾਲਾਹ ਗਾਈ ਜਾਏ। ਸਿਫ਼ਤ-ਸਾਲਾਹ ਦੀ ਬਰਕਤਿ ਨਾਲ ਹੀ ਕਾਮ ਛੱਡਿਆ ਜਾ ਸਕਦਾ ਹੈ ਕ੍ਰੋਧ ਤਿਆਗਿਆ ਜਾ ਸਕਦਾ ਹੈ ਨਿੰਦਾ ਛੱਡੀ ਜਾ ਸਕਦੀ ਹੈ (ਤੇ ਇਹਨਾਂ ਵਿਕਾਰਾਂ ਨੂੰ ਤਿਆਗਣ ਵਿਚ ਹੀ ਜਨਮ ਦੀ ਸਫਲਤਾ ਹੈ) ॥੫॥

46592	1086	ਜਿਸੁ ਰੂਪੁ ਨ ਰੇਖਿਆ ਕੁਲੁ ਨਹੀ ਜਾਤੀ॥	ਕੁਲੁ: ਪੋਲਾ ਬੋਲੋ	Jis Roop N Raekhiaa Kul Nehee Jaathee ||	He has no form or shape, no ancestry or social class.	ਜਿਸ ਪਰਮਾਤਮਾ ਦਾ (ਕੀਹ) ਰੂਪ, ਰੇਖ, ਕੁਲ ਅਤੇ ਜਾਤਿ (ਹੈ- ਇਹ ਗੱਲ) ਦੱਸੀ ਨਹੀਂ ਜਾ ਸਕਦੀ,
46593	1086	ਪੂਰਨ ਪੂਰਿ ਰਹਿਆ ਦਿਨੁ ਰਾਤੀ॥		Pooran Poor Rehiaa Dhin Raathee ||	The Perfect Lord is perfectly pervading day and night.	ਜਿਹੜਾ ਪਰਮਾਤਮਾ ਦਿਨ ਰਾਤ ਹਰ ਵੇਲੇ ਸਭ ਥਾਈਂ ਮੌਜੂਦ ਹੈ,
46594	1086	ਜੋ ਜੋ ਜਪੈ ਸੋਈ ਵਡਭਾਗੀ ਬਹੁੜਿ ਨ ਜੋਨੀ ਪਾਵਣਾ॥੬॥		Jo Jo Japai Soee Vaddabhaagee Bahurr N Jonee Paavanaa ||6||	Whoever meditates on Him is very fortunate; he is not consigned to reincarnation again. ||6||	ਉਸ ਪਰਮਾਤਮਾ ਦਾ ਨਾਮ ਜਿਹੜਾ ਜਿਹੜਾ ਮਨੁੱਖ ਜਪਦਾ ਹੈ ਉਹ ਵੱਡੇ ਭਾਗਾਂ ਵਾਲਾ ਬਣ ਜਾਂਦਾ ਹੈ, ਉਹ ਮਨੁੱਖ ਮੁੜ ਮੁੜ ਜੂਨਾਂ ਵਿਚ ਨਹੀਂ ਪੈਂਦਾ ॥੬॥
46595	1086	ਜਿਸ ਨੋ ਬਿਸਰੈ ਪੁਰਖੁ ਬਿਧਾਤਾ॥		Jis No Bisarai Purakh Bidhhaathaa ||	One who forgets the Primal Lord, the Architect of karma,	ਜਿਸ ਮਨੁੱਖ ਨੂੰ ਸਰਬ-ਵਿਆਪਕ ਸਿਰਜਣਹਾਰ ਵਿਸਰਿਆ ਰਹਿੰਦਾ ਹੈ,
46596	1086	ਜਲਤਾ ਫਿਰੈ ਰਹੈ ਨਿਤ ਤਾਤਾ॥	ਤੱਾਤਾ	Jalathaa Firai Rehai Nith Thaathaa ||	Wanders around burning, and remains tormented.	ਉਹ ਸਦਾ (ਵਿਕਾਰਾਂ ਵਿਚ) ਸੜਦਾ ਫਿਰਦਾ ਹੈ, ਉਹ ਸਦਾ (ਕ੍ਰੋਧ ਨਾਲ) ਸੜਿਆ ਭੁੱਜਿਆ ਰਹਿੰਦਾ ਹੈ।
46597	1086	ਅਕਿਰਤਘਣੈ ਕਉ ਰਖੈ ਨ ਕੋਈ ਨਰਕ ਘੋਰ ਮਹਿ ਪਾਵਣਾ॥੭॥	ਅ-ਕਿਰਤ-ਘਣੈ	Akirathaghanai Ko Rakhai N Koee Narak Ghor Mehi Paavanaa ||7||	No one can save such an ungrateful person; he is thrown into the most horrible hell. ||7||	ਪਰਮਾਤਮਾ ਦੇ ਕੀਤੇ ਉਪਕਾਰਾਂ ਨੂੰ ਭੁਲਾਣ ਵਾਲੇ ਉਸ ਮਨੁੱਖ ਨੂੰ (ਇਸ ਭੈੜੀ ਆਤਮਕ ਦਸ਼ਾ ਤੋਂ) ਕੋਈ ਬਚਾ ਨਹੀਂ ਸਕਦਾ। ਉਹ ਮਨੁੱਖ (ਸਦਾ ਇਸ) ਭਿਆਨਕ ਨਰਕ ਵਿਚ ਪਿਆ ਰਹਿੰਦਾ ਹੈ ॥੭॥

46598	1086	ਜੀਉ ਪ੍ਰਾਣ ਤਨੁ ਧਨੁ ਜਿਨਿ ਸਾਜਿਆ॥		Jeeo Praan Than Dhhan Jin Saajiaa ||	He blessed you with your soul, the breath of life, your body and wealth;	ਹੇ ਨਾਨਕ! ਜਿਸ ਪਰਮਾਤਮਾ ਨੇ ਜਿੰਦ ਦਿੱਤੀ, ਪ੍ਰਾਣ ਦਿੱਤੇ, ਸਰੀਰ ਬਣਾਇਆ, ਧਨ ਦਿੱਤਾ,
46599	1086	ਮਾਤ ਗਰਭ ਮਹਿ ਰਾਖਿ ਨਿਵਾਜਿਆ॥		Maath Garabh Mehi Raakh Nivaajiaa ||	He preserved and nurtured you in your mother's womb.	ਮਾਂ ਦੇ ਪੇਟ ਵਿਚ ਰੱਖਿਆ ਕਰ ਕੇ ਬੜੀ ਦਇਆ ਕੀਤੀ,
46600	1086	ਤਿਸ ਸਿਉ ਪ੍ਰੀਤਿ ਛਾਡਿ ਅਨ ਰਾਤਾ ਕਾਹੂ ਸਿਰੈ ਨ ਲਾਵਣਾ॥੮॥		This Sio Preeth Shhaadd An Raathaa Kaahoo Sirai N Laavanaa ||8||	Forsaking His Love, you are imbued with another; you shall never achieve your goals like this. ||8||	ਜਿਹੜਾ ਮਨੁੱਖ ਉਸ ਪਰਮਾਤਮਾ ਨਾਲ ਪਿਆਰ ਛੱਡ ਕੇ ਹੋਰ ਹੋਰ ਪਦਾਰਥਾਂ ਦੇ ਮੋਹ ਵਿਚ ਮਸਤ ਰਹਿੰਦਾ ਹੈ, ਉਹ ਮਨੁੱਖ ਕਿਸੇ ਪਾਸੇ ਭੀ ਨੇਪਰੇ ਨਹੀਂ ਚੜ੍ਹਦਾ ॥੮॥
46601	1086	ਧਾਰਿ ਅਨੁਗ੍ਰਹੁ ਸੁਆਮੀ ਮੇਰੇ॥	ਅ-ਨੁੱਗ੍ਰਹੁ	Dhhaar Anugrahu Suaamee Maerae ||	Please shower me with Your Merciful Grace, O my Lord and Master.	ਹੇ ਮੇਰੇ ਮਾਲਕ-ਪ੍ਰਭੂ! (ਅਸਾਂ ਜੀਵਾਂ ਉੱਤੇ) ਦਇਆ ਕਰੀ ਰੱਖ,
46602	1086	ਘਟਿ ਘਟਿ ਵਸਹਿ ਸਭਨ ਕੈ ਨੇਰੇ॥		Ghatt Ghatt Vasehi Sabhan Kai Naerae ||	You dwell in each and every heart, and are near everyone.	ਤੂੰ ਹਰੇਕ ਸਰੀਰ ਵਿਚ ਵੱਸਦਾ ਹੈਂ, ਤੂੰ ਸਭ ਜੀਵਾਂ ਦੇ ਨੇੜੇ ਵੱਸਦਾ ਹੈਂ।

46603	1086	ਹਾਥਿ ਹਮਾਰੈ ਕਛੂਐ ਨਾਹੀ ਜਿਸੁ ਜਣਾਇਹਿ ਤਿਸੈ ਜਣਾਵਣਾ॥੯॥	ਜਣਾ-ਇਹਿ	Haathh Hamaarai Kashhooai Naahee Jis Janaaeihi Thisai Janaavanaa ||9||	Nothing is in my hands; he alone knows, whom You inspire to know. ||9||	ਅਸਾਂ ਜੀਵਾਂ ਦੇ ਵੱਸ ਵਿਚ ਕੁਝ ਨਹੀਂ ਹੈ। ਜਿਸ ਮਨੁੱਖ ਨੂੰ ਤੂੰ (ਆਤਮਕ ਜੀਵਨ ਦੀ) ਸਮਝ ਬਖ਼ਸ਼ਦਾ ਹੈਂ, ਉਹੀ ਮਨੁੱਖ ਇਹ ਸਮਝ ਹਾਸਲ ਕਰਦਾ ਹੈ ॥੯॥
46604	1086	ਜਾ ਕੈ ਮਸਤਕਿ ਧੁਰਿ ਲਿਖਿ ਪਾਇਆ॥		Jaa Kai Masathak Dhhur Likh Paaeiaa ||	One who has such pre-ordained destiny inscribed upon his forehead,	ਧੁਰ ਹਜ਼ੂਰੀ ਵਿਚੋਂ ਜਿਸ ਮਨੁੱਖ ਦੇ ਮੱਥੇ ਉਤੇ (ਪ੍ਰਭੂ ਨੇ ਚੰਗੇ ਭਾਗਾਂ ਦਾ ਲੇਖ) ਲਿਖ ਕੇ ਪਾਇਆ ਹੁੰਦਾ ਹੈ,
46605	1086	ਤਿਸ ਹੀ ਪੁਰਖ ਨ ਵਿਆਪੈ ਮਾਇਆ॥		This Hee Purakh N Viaapai Maaeiaa ||	That person is not afflicted by Maya.	ਸਿਰਫ਼ ਉਸ ਮਨੁੱਖ ਉਤੇ ਹੀ ਮਾਇਆ ਆਪਣਾ ਜ਼ੋਰ ਨਹੀਂ ਪਾ ਸਕਦੀ।
46606	1086	ਨਾਨਕ ਦਾਸ ਸਦਾ ਸਰਣਾਈ ਦੂਸਰ ਲਵੈ ਨ ਲਾਵਣਾ॥੧੦॥		Naanak Dhaas Sadhaa Saranaaee Dhoosar Lavai N Laavanaa ||10||	Slave Nanak seeks Your Sanctuary forever; there is no other equal to You. ||10||	ਹੇ ਨਾਨਕ! ਪਰਮਾਤਮਾ ਦੇ ਭਗਤ ਸਦਾ ਪਰਮਾਤਮਾ ਦੀ ਸਰਨ ਪਏ ਰਹਿੰਦੇ ਹਨ, ਉਹ ਕਿਸੇ ਹੋਰ ਨੂੰ ਪਰਮਾਤਮਾ ਦੇ ਬਰਾਬਰ ਦਾ ਨਹੀਂ ਸਮਝਦੇ ॥੧੦॥
46607	1086	ਆਗਿਆ ਦੂਖ ਸੂਖ ਸਭਿ ਕੀਨੇ॥		Aagiaa Dhookh Sookh Sabh Keenae ||	In His Will, He made all pain and pleasure.	(ਜਗਤ ਦੇ) ਸਾਰੇ ਦੁੱਖ ਸਾਰੇ ਸੁਖ (ਪਰਮਾਤਮਾ ਨੇ ਆਪਣੇ) ਹੁਕਮ ਵਿਚ (ਆਪ ਹੀ) ਬਣਾਏ ਹਨ।

46608	1086	ਅੰਮ੍ਰਿਤ ਨਾਮੁ ਬਿਰਲੈ ਹੀ ਚੀਨੇ॥		Anmrith Naam Biralai Hee Cheenae ||	How rare are those who remember the Ambrosial Naam, the Name of the Lord.	(ਇਹਨਾਂ ਦੁੱਖਾਂ ਤੋਂ ਬਚਣ ਲਈ) ਕਿਸੇ ਵਿਰਲੇ ਮਨੁੱਖ ਨੇ ਹੀ ਆਤਮਕ ਜੀਵਨ ਦੇਣ ਵਾਲੇ ਹਰਿ-ਨਾਮ ਨਾਲ ਸਾਂਝ ਪਾਈ ਹੈ।
46609	1086	ਤਾ ਕੀ ਕੀਮਤਿ ਕਹਣੁ ਨ ਜਾਈ ਜਤ ਕਤ ਓਹੀ ਸਮਾਵਣਾ॥੧੧॥		Thaa Kee Keemath Kehan N Jaaee Jath Kath Ouhee Samaavanaa ||11||	His value cannot be described. He is prevailing everywhere. ||11||	ਉਸ ਪਰਮਾਤਮਾ ਦਾ ਮੁੱਲ ਨਹੀਂ ਦੱਸਿਆ ਜਾ ਸਕਦਾ (ਉਹ ਪਰਮਾਤਮਾ ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਨਹੀਂ ਮਿਲਦਾ, ਉਂਞ) ਹਰ ਥਾਂ ਉਹ ਆਪ ਹੀ ਸਮਾਇਆ ਹੋਇਆ ਹੈ ॥੧੧॥
46610	1086	ਸੋਈ ਭਗਤੁ ਸੋਈ ਵਡ ਦਾਤਾ॥		Soee Bhagath Soee Vadd Dhaathaa ||	He is the devotee; He is the Great Giver.	ਉਹ ਪਰਮਾਤਮਾ ਆਪ ਹੀ (ਆਪਣੇ ਸੇਵਕ ਵਿਚ ਬੈਠਾ ਆਪਣੀ) ਭਗਤੀ ਕਰਨ ਵਾਲਾ ਹੈ, ਉਹ ਆਪ ਹੀ ਸਭ ਤੋਂ ਵੱਡਾ ਦਾਤਾਰ ਹੈ,
46611	1086	ਸੋਈ ਪੂਰਨ ਪੁਰਖੁ ਬਿਧਾਤਾ॥		Soee Pooran Purakh Bidhhaathaa ||	He is the Perfect Primal Lord, the Architect of karma.	ਉਹ ਆਪ ਹੀ ਸਭ ਵਿਚ ਵਿਆਪਕ ਸਿਰਜਣਹਾਰ ਹੈ।
46612	1086	ਬਾਲ ਸਹਾਈ ਸੋਈ ਤੇਰਾ ਜੋ ਤੇਰੈ ਮਨਿ ਭਾਵਣਾ॥੧੨॥		Baal Sehaaee Soee Thaeraa Jo Thaerai Man Bhaavanaa ||12||	He is your help and support, since infancy; He fulfills your mind's desires. ||12||	ਹੇ ਪ੍ਰਭੂ! ਜਿਹੜਾ (ਤੇਰਾ ਭਗਤ) ਤੇਰੇ ਮਨ ਵਿਚ (ਤੈਨੂੰ) ਪਿਆਰਾ ਲੱਗਦਾ ਹੈ, ਉਹੀ ਤੇਰਾ ਬਾਲ-ਸਖਾਈ ਹੈ (ਉਹੀ ਤੈਨੂੰ ਇਉਂ ਪਿਆਰਾ ਹੈ ਜਿਵੇਂ ਛੋਟੀ ਉਮਰ ਤੋਂ ਇਕੱਠੇ ਰਹਿਣ ਵਾਲੇ ਬਾਲਕ ਇਕ ਦੂਜੇ ਨੂੰ ਸਾਰੀ ਉਮਰ ਪਿਆਰ ਕਰਨ ਵਾਲੇ ਹੁੰਦੇ ਹਨ) ॥੧੨॥

46613	1086	ਮਿਰਤੁ ਦੂਖ ਸੂਖ ਲਿਖਿ ਪਾਏ॥		Mirath Dhookh Sookh Likh Paaeae ||	Death, pain and pleasure are ordained by the Lord.	ਮੌਤ ਦੁੱਖ ਸੁਖ ਕਰਤਾਰ ਨੇ ਆਪ ਹੀ (ਜੀਵਾਂ ਦੇ ਲੇਖਾਂ ਵਿਚ) ਲਿਖ ਕੇ ਰੱਖ ਦਿੱਤੇ ਹਨ।
46614	1086	ਤਿਲੁ ਨਹੀ ਬਧਹਿ ਘਟਹਿ ਨ ਘਟਾਏ॥		Thil Nehee Badhhehi Ghattehi N Ghattaaeae ||	They do not increase or decrease by anyone's efforts.	ਨਾਹ ਇਹ ਵਧਾਇਆਂ ਰਤਾ ਭੀ ਵਧਦੇ ਹਨ, ਨਾਹ ਇਹ ਘਟਾਇਆਂ ਰਤਾ ਭਰ ਘਟਦੇ ਹਨ।
46615	1086	ਸੋਈ ਹੋਇ ਜਿ ਕਰਤੇ ਭਾਵੈ ਕਹਿ ਕੈ ਆਪੁ ਵਞਾਵਣਾ॥੧੩॥		Soee Hoe J Karathae Bhaavai Kehi Kai Aap Vanjaavanaa ||13||	That alone happens, which is pleasing to the Creator; speaking of himself, the mortal ruins himself. ||13||	ਜੋ ਕੁਝ ਕਰਤਾਰ ਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ। (ਇਹ) ਆਖ ਕੇ (ਕਿ ਅਸੀਂ ਆਪਣੇ ਆਪ ਕੁਝ ਕਰ ਸਕਦੇ ਹਾਂ) ਆਪਣੇ ਆਪ ਨੂੰ ਖ਼ੁਆਰ ਹੀ ਕਰਨਾ ਹੁੰਦਾ ਹੈ ॥੧੩॥
46616	1086	ਅੰਧ ਕੂਪ ਤੇ ਸੇਈ ਕਾਢੇ॥		Andhh Koop Thae Saeee Kaadtae ||	He lifts us up and pulls us out of the deep dark pit;	ਉਹਨਾਂ ਮਨੁੱਖਾਂ ਨੂੰ ਪਰਮਾਤਮਾ ਮਾਇਆ ਦੇ ਮੋਹ ਦੇ ਘੁੱਪ ਹਨੇਰੇ ਖੂਹ ਵਿਚੋਂ ਕੱਢ ਲੈਂਦਾ ਹੈ,
46617	1086	ਜਨਮ ਜਨਮ ਕੇ ਟੂਟੇ ਗਾਂਢੇ॥		Janam Janam Kae Ttoottae Gaandtae ||	He unites with Himself, those who were separated for so many incarnations.	ਤੇ, ਕਈ ਜਨਮਾਂ ਦੇ (ਆਪਣੇ ਨਾਲੋਂ) ਟੁੱਟਿਆਂ ਹੋਇਆਂ ਨੂੰ (ਮੁੜ ਆਪਣੇ ਨਾਲ) ਜੋੜ ਲੈਂਦਾ ਹੈ,

46618	1086	ਕਿਰਪਾ ਧਾਰਿ ਰਖੇ ਕਰਿ ਅਪੁਨੇ ਮਿਲਿ ਸਾਧੂ ਗੋਬਿੰਦੁ ਧਿਆਵਣਾ॥੧੪॥		Kirapaa Dhhaar Rakhae Kar Apunae Mil Saadhhoo Gobindh Dhhiaavanaa ||14||	Showering them with His Mercy, He protects them with His own hands. Meeting with the Holy Saints, they meditate on the Lord of the Universe. ||14||	ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਕਿਰਪਾ ਕਰ ਕੇ ਆਪਣੇ ਬਣਾ ਲੈਂਦਾ ਹੈ, ਜਿਹੜੇ ਮਨੁੱਖ ਗੁਰੂ ਨੂੰ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਦੇ ਹਨ ॥੧੪॥
46619	1086	ਤੇਰੀ ਕੀਮਤਿ ਕਹਣੁ ਨ ਜਾਈ॥		Thaeree Keemath Kehan N Jaaee ||	Your worth cannot be described.	(ਹੇ ਪ੍ਰਭੂ) ਤੇਰਾ ਮੁੱਲ ਨਹੀਂ ਪਾਇਆ ਜਾ ਸਕਦਾ।
46620	1086	ਅਚਰਜ ਰੂਪੁ ਵਡੀ ਵਡਿਆਈ॥	ਅ-ਚਰਜ	Acharaj Roop Vaddee Vaddiaaee ||	Wondrous is Your form, and Your glorious greatness.	ਤੇਰਾ ਸਰੂਪ ਹੈਰਾਨ ਕਰ ਦੇਣ ਵਾਲਾ ਹੈ, ਤੇ ਵਡਿਆਈ ਵੱਡੀ ਹੈ।
46621	1086	ਭਗਤਿ ਦਾਨੁ ਮੰਗੈ ਜਨੁ ਤੇਰਾ ਨਾਨਕ ਬਲਿ ਬਲਿ ਜਾਵਣਾ॥੧੫॥੧॥੧੪॥੨੨॥੨੪॥੨॥੧੪॥੬੨॥		Bhagath Dhaan Mangai Jan Thaeraa Naanak Bal Bal Jaavanaa ||15||1||14||22||24||2||14||62||	Your humble servant begs for the gift of devotional worship. Nanak is a sacrifice, a sacrifice to You. ||15||1||14||22||24||2||14||62||	ਹੇ ਨਾਨਕ! ਤੇਰਾ ਸੇਵਕ (ਤੇਰੇ ਦਰ ਤੋਂ) ਤੇਰੀ ਭਗਤੀ ਦਾ ਖ਼ੈਰ ਮੰਗਦਾ ਹੈ, ਤੇ ਤੈਥੋਂ ਸਦਕੇ ਜਾਂਦਾ ਹੈ ਕੁਰਬਾਨ ਜਾਂਦਾ ਹੈ ॥੧੫॥੧॥੧੪॥੨੨॥੨੪॥੨॥੧੪॥੬੨॥
46622	1086	ਮਾਰੂ ਵਾਰ ਮਹਲਾ ੩		Maaroo Vaar Mehalaa 3	Vaar Of Maaroo, Third Mehl:	ਰਾਗ ਮਾਰੂ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ 'ਵਾਰ'।
46623	1086	ਸਲੋਕੁ ਮਃ ੧॥		Salok Ma 1 ||	Shalok, First Mehl:	

46624	1086	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
46625	1086	ਵਿਣੁ ਗਾਹਕ ਗੁਣੁ ਵੇਚੀਐ ਤਉ ਗੁਣੁ ਸਹਘੋ ਜਾਇ॥		Vin Gaahak Gun Vaecheeai Tho Gun Sehagho Jaae ||	If virtue is sold when there is no buyer, then it is sold very cheap.	ਜੇ ਕੋਈ ਗਾਹਕ ਨਾਹ ਹੋਵੇ ਤੇ (ਕੋਈ) ਗੁਣ (ਭਾਵ, ਕੋਈ ਕੀਮਤੀ ਪਦਾਰਥ) ਵੇਚੀਏ ਤਾਂ ਉਹ ਗੁਣ ਸਸਤੇ-ਭਾ ਵਿਕ ਜਾਂਦਾ ਹੈ, (ਭਾਵ, ਉਸ ਦੀ ਕਦਰ ਨਹੀਂ ਪੈਂਦੀ)।
46626	1086	ਗੁਣ ਕਾ ਗਾਹਕੁ ਜੇ ਮਿਲੈ ਤਉ ਗੁਣੁ ਲਾਖ ਵਿਕਾਇ॥		Gun Kaa Gaahak Jae Milai Tho Gun Laakh Vikaae ||	But if one meets a buyer of virtue, then virtue sells for hundreds of thousands.	ਪਰ ਜੇ ਗੁਣ ਦਾ ਗਾਹਕ ਮਿਲ ਪਏ ਤਾਂ ਉਹ ਬਹੁਤ ਕੀਮਤ ਨਾਲ ਵਿਕਦਾ ਹੈ।
46627	1087	ਗੁਣ ਤੇ ਗੁਣ ਮਿਲਿ ਪਾਈਐ ਜੇ ਸਤਿਗੁਰ ਮਾਹਿ ਸਮਾਇ॥		Gun Thae Gun Mil Paaeeai Jae Sathigur Maahi Samaae ||	Meeting with a virtuous person, virtue is obtained, and one is immersed in the True Guru.	(ਪਰ ਜੇ ਕੋਈ ਕਦਰ ਜਾਣਨ ਵਾਲਾ ਮਨੁੱਖ) ਗੁਰੂ ਵਿਚ 'ਆਪਾ' ਲੀਨ ਕਰ ਦੇਵੇ, ਤਾਂ ਪ੍ਰਭੂ ਦੇ ਗੁਣ ਗਾਂਵਿਆਂ, ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਜੁੜਿਆਂ (ਪ੍ਰਭੂ ਦਾ 'ਨਾਮ'-ਰੂਪ ਕੀਮਤੀ ਪਦਾਰਥ) ਮਿਲਦਾ ਹੈ।
46628	1087	ਮੋਲਿ ਅਮੋਲੁ ਨ ਪਾਈਐ ਵਣਜਿ ਨ ਲੀਜੈ ਹਾਟਿ॥		Muol Amuol N Paaeeai Vanaj N Leejai Haatt ||	Priceless virtues are not obtained for any price; they cannot be purchased in a store.	'ਨਾਮ' ਪਦਾਰਥ ਹੈ, ਕਿਸੇ ਕੀਮਤ ਨਾਲ ਨਹੀਂ ਮਿਲ ਸਕਦਾ, ਕਿਸੇ ਹੱਟ ਤੋਂ ਖ਼ਰੀਦ ਕੇ ਨਹੀਂ ਲਿਆ ਜਾ ਸਕਦਾ।

46629	1087	ਨਾਨਕ ਪੂਰਾ ਤੋਲੁ ਹੈ ਕਬਹੁ ਨ ਹੋਵੈ ਘਾਟਿ॥੧॥		Naanak Pooraa Thol Hai Kabahu N Hovai Ghaatt ||1||	O Nanak, their weight is full and perfect; it never decreases at all. ||1||	ਹੇ ਨਾਨਕ! ('ਨਾਮ' ਦੇ ਮੁੱਲ ਦਾ) ਤੋਲ ਤਾਂ ਬੱਝਵਾਂ ਹੈ, ਉਹ ਕਦੇ ਘਟ ਨਹੀਂ ਸਕਦਾ (ਭਾਵ, 'ਆਪਾ ਗੁਰੂ ਵਿਚ ਲੀਨ ਕਰਨਾ'- ਇਹ ਬੱਝਵਾਂ ਮੁੱਲ ਹੈ, ਤੇ ਇਸ ਤੋਂ ਘਟ ਕੋਈ ਹੋਰ ਉੱਦਮ 'ਨਾਮ' ਦੀ ਪ੍ਰਾਪਤੀ ਲਈ ਕਾਫ਼ੀ ਨਹੀਂ ਹੈ) ॥੧॥
46630	1087	ਮਃ ੪॥		Ma 4 ||	Fourth Mehl:	
46631	1087	ਨਾਮ ਵਿਹੂਣੇ ਭਰਮਸਹਿ ਆਵਹਿ ਜਾਵਹਿ ਨੀਤ॥	(ਭਰਮਸ-ਹਿ) ਭ੍ਰਮਦੇ ਹਨ	Naam Vihoonae Bharamasehi Aavehi Jaavehi Neeth ||	Without the Naam, the Name of the Lord, they wander around, continually coming and going in reincarnation.	ਜੋ ਮਨੁੱਖ 'ਨਾਮ' ਤੋਂ ਸੱਖਣੇ ਹਨ ਉਹ ਭਟਕਦੇ ਹਨ (ਭਟਕਣਾ ਦੇ ਕਾਰਨ) ਨਿੱਤ ਜੰਮਦੇ ਤੇ ਮਰਦੇ ਹਨ (ਭਾਵ, 'ਵਾਸਨਾ' ਪੂਰੀਆਂ ਕਰਨ ਲਈ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ)।
46632	1087	ਇਕਿ ਬਾਂਧੇ ਇਕਿ ਢੀਲਿਆ ਇਕਿ ਸੁਖੀਏ ਹਰਿ ਪ੍ਰੀਤਿ॥		Eik Baandhhae Eik Dteeliaa Eik Sukheeeae Har Preeth ||	Some are in bondage, and some are set free; some are happy in the Love of the Lord.	ਸੋ, ਕਈ ਜੀਵ (ਇਹਨਾਂ 'ਵਾਸਨਾ' ਨਾਲ) ਬੱਝੇ ਪਏ ਹਨ, ਕਈਆਂ ਨੇ ਬੰਧਨ ਕੁਝ ਢਿੱਲੇ ਕਰ ਲਏ ਹਨ ਤੇ ਕਈ ਪ੍ਰਭੂ ਦੇ ਪਿਆਰ ਵਿਚ ਰਹਿ ਕੇ (ਬਿਲਕੁਲ) ਸੁਖੀ ਹੋ ਗਏ ਹਨ।

46633	1087	ਨਾਨਕ ਸਚਾ ਮੰਨਿ ਲੈ ਸਚੁ ਕਰਣੀ ਸਚੁ ਰੀਤਿ॥੨॥		Naanak Sachaa Mann Lai Sach Karanee Sach Reeth ||2||	O Nanak, believe in the True Lord, and practice Truth, through the lifestyle of Truth. ||2||	ਹੇ ਨਾਨਕ! ਜਿਹੜਾ ਮਨੁੱਖ ਸਦਾ-ਥਿਰ ਪਰਮਾਤਮਾ ਨੂੰ ਆਪਣੇ ਮਨ ਵਿਚ ਪੱਕਾ ਕਰ ਲੈਂਦਾ ਹੈ, ਸਦਾ-ਥਿਰ ਨਾਮ ਉਸ ਵਾਸਤੇ ਕਰਨ-ਜੋਗ ਕੰਮ ਹੈ ਸਦਾ-ਥਿਰ ਨਾਮ ਹੀ ਉਸ ਦੀ ਜੀਵਨ-ਜੁਗਤਿ ਹੋ ਜਾਂਦਾ ਹੈ ॥੨॥
46634	1087	ਪਉੜੀ॥		Pourree ||	Pauree:	
46635	1087	ਗੁਰ ਤੇ ਗਿਆਨੁ ਪਾਇਆ ਅਤਿ ਖੜਗੁ ਕਰਾਰਾ॥		Gur Thae Giaan Paaeiaa Ath Kharrag Karaaraa ||	From the Guru, I have obtained the supremely powerful sword of spiritual wisdom.	(ਗਿਆਨ, ਮਾਨੋ) ਬੜਾ ਤੇਜ਼ ਖੰਡਾ ਹੈ, ਇਹ ਗਿਆਨ ਗੁਰੂ ਤੋਂ ਮਿਲਦਾ ਹੈ।
46636	1087	ਦੂਜਾ ਭ੍ਰਮੁ ਗੜੁ ਕਟਿਆ ਮੋਹੁ ਲੋਭੁ ਅਹੰਕਾਰਾ॥	ਗੜ੍ਹ	Dhoojaa Bhram Garr Kattiaa Mohu Lobh Ahankaaraa ||	I have cut down the fortress of duality and doubt, attachment, greed and egotism.	(ਜਿਸ ਨੂੰ ਮਿਲਿਆ ਹੈ ਉਸ ਦਾ) ਮਾਇਆ ਦੀ ਖ਼ਾਤਰ ਭਟਕਣਾ, ਮੋਹ, ਲੋਭ ਤੇ ਅਹੰਕਾਰ-ਰੂਪ ਕਿਲ੍ਹਾ (ਜਿਸ ਵਿਚ ਉਹ ਘਿਰਿਆ ਪਿਆ ਸੀ, ਇਸ ਗਿਆਨ-ਖੜਗ ਨਾਲ) ਕੱਟਿਆ ਜਾਂਦਾ ਹੈ।
46637	1087	ਹਰਿ ਕਾ ਨਾਮੁ ਮਨਿ ਵਸਿਆ ਗੁਰ ਸਬਦਿ ਵੀਚਾਰਾ॥		Har Kaa Naam Man Vasiaa Gur Sabadh Veechaaraa ||	The Name of the Lord abides within my mind; I contemplate the Word of the Guru's Shabad.	ਗੁਰੂ ਦੇ ਸ਼ਬਦ ਵਿਚ ਸੁਰਤ ਜੋੜਿਆਂ ਉਸ ਦੇ ਮਨ ਵਿਚ ਪਰਮਾਤਮਾ ਦਾ ਨਾਮ ਵੱਸ ਪੈਂਦਾ ਹੈ।

46638	1087	ਸਚ ਸੰਜਮਿ ਮਤਿ ਊਤਮਾ ਹਰਿ ਲਗਾ ਪਿਆਰਾ॥		Sach Sanjam Math Oothamaa Har Lagaa Piaaraa ||	Through Truth, self-discipline and sublime understanding, the Lord has become very dear to me.	ਸਿਮਰਨ ਦੇ ਸੰਜਮ ਨਾਲ ਉਸ ਦੀ ਮੱਤ ਚੰਗੀ ਹੋ ਜਾਂਦੀ ਹੈ, ਰੱਬ ਉਸ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ।
46639	1087	ਸਭੁ ਸਚੋ ਸਚੁ ਵਰਤਦਾ ਸਚੁ ਸਿਰਜਣਹਾਰਾ॥੧॥		Sabh Sacho Sach Varathadhaa Sach Sirajanehaaraa ||1||	Truly, truly, the True Creator Lord is all-pervading. ||1||	(ਆਖ਼ਰ ਉਸ ਦੀ ਇਹ ਹਾਲਤ ਹੋ ਜਾਂਦੀ ਹੈ ਕਿ) ਸਦਾ-ਥਿਰ ਸਿਰਜਣਹਾਰ ਉਸ ਨੂੰ ਹਰ ਥਾਂ ਵੱਸਦਾ ਦਿੱਸਦਾ ਹੈ ॥੧॥
46640	1087	ਸਲੋਕੁ ਮਃ ੩॥		Salok Ma 3 ||	Shalok, Third Mehl:	
46641	1087	ਕੇਦਾਰਾ ਰਾਗਾ ਵਿਚਿ ਜਾਣੀਐ ਭਾਈ ਸਬਦੇ ਕਰੇ ਪਿਆਰੁ॥		Kaedhaaraa Raagaa Vich Jaaneeai Bhaaee Sabadhae Karae Piaar ||	Among the ragas, Kaydaaraa Raga is known as good, O Siblings of Destiny, if through it, one comes to love the Word of the Shabad,	ਹੇ ਭਾਈ! ਕੇਦਾਰਾ ਰਾਗ ਨੂੰ (ਹੋਰ ਬਾਕੀ ਦੇ) ਰਾਗਾਂ ਵਿਚ ਤਾਂ ਹੀ ਜਾਣੋ (ਭਾਵ, ਕੇਦਾਰਾ ਰਾਗ ਨੂੰ ਤਾਂ ਹੀ ਵਡਿਆਈਏ, ਜੇ ਇਸ ਨੂੰ ਗਾਉਣ ਵਾਲਾ) ਗੁਰੂ ਦੇ ਸ਼ਬਦ ਵਿਚ ਪਿਆਰ ਕਰਨ ਲੱਗ ਪਏ,
46642	1087	ਸਤਸੰਗਤਿ ਸਿਉ ਮਿਲਦੋ ਰਹੈ ਸਚੇ ਧਰੇ ਪਿਆਰੁ॥		Sathasangath Sio Miladho Rehai Sachae Dhharae Piaar ||	And if one remains in the Soceity of the Saints, and enshrines love for the True Lord.	ਸਤਸੰਗਤਿ ਕਰਦਾ ਰਹੇ ਅਤੇ ਸਦਾ ਥਿਰ ਰਹਿਣ ਵਾਲੇ ਪਰਮਾਤਮਾ ਦਾ ਪਿਆਰ ਧਾਰਨ ਕਰੇ।
46643	1087	ਵਿਚਹੁ ਮਲੁ ਕਟੇ ਆਪਣੀ ਕੁਲਾ ਕਾ ਕਰੇ ਉਧਾਰੁ॥		Vichahu Mal Kattae Aapanee Kulaa Kaa Karae Oudhhaar ||	Such a person washes away the pollution from within, and saves his generations as well.	ਅੰਦਰੋਂ ਆਪਣੀ ਮੈਲ ਭੀ ਕੱਟੇ ਤੇ ਆਪਣੀਆਂ ਕੁਲਾਂ ਨੂੰ ਭੀ ਤਾਰ ਲਏ,

46644	1087	ਗੁਣਾ ਕੀ ਰਾਸਿ ਸੰਗ੍ਰਹੈ ਅਵਗਣ ਕਢੈ ਵਿਡਾਰਿ॥	ਸੰ-ਗ੍ਰਹੈ	Gunaa Kee Raas Sangrehai Avagan Kadtai Viddaar ||	He gathes in the capital of virtue, and destroys and drives out unvirtuous sins.	ਗੁਣਾਂ ਦੀ ਪੂੰਜੀ ਇਕੱਠੀ ਕਰੇ ਤੇ ਔਗੁਣ ਮਾਰ ਕੇ ਕੱਢ ਦੇਵੇ।
46645	1087	ਨਾਨਕ ਮਿਲਿਆ ਸੋ ਜਾਣੀਐ ਗੁਰੂ ਨ ਛੋਡੈ ਆਪਣਾ ਦੂਜੈ ਨ ਧਰੇ ਪਿਆਰੁ॥੧॥		Naanak Miliaa So Jaaneeai Guroo N Shhoddai Aapanaa Dhoojai N Dhharae Piaar ||1||	O Nanak, he alone is known as united, who does not forsake his Guru, and who does not love duality. ||1||	ਹੇ ਨਾਨਕ! (ਕੇਦਾਰਾ ਰਾਗ ਦੀ ਰਾਹੀਂ ਰੱਬ ਵਿਚ) ਜੁੜਿਆ ਉਸ ਨੂੰ ਸਮਝੋ ਜੋ ਕਦੇ ਆਪਣੇ ਗੁਰੂ ਦਾ ਆਸਰਾ ਨਾਹ ਛੱਡੇ ਤੇ ਮਾਇਆ ਵਿਚ ਮੋਹ ਨਾਹ ਪਾਏ ॥੧॥
46646	1087	ਮਃ ੪॥		Ma 4 ||	Fourth Mehl:	
46647	1087	ਸਾਗਰੁ ਦੇਖਉ ਡਰਿ ਮਰਉ ਭੈ ਤੇਰੈ ਡਰੁ ਨਾਹਿ॥		Saagar Dhaekho Ddar Maro Bhai Thaerai Ddar Naahi ||	Gazing upon the world-ocean, I am afraid of death; but if I live in the Fear of You, God, then I am not afraid.	(ਹੇ ਪ੍ਰਭੂ!) ਜਦੋਂ ਮੈਂ (ਇਸ ਸੰਸਾਰ-) ਸਮੁੰਦਰ ਨੂੰ ਵੇਖਦਾ ਹਾਂ ਤਾਂ ਡਰ ਨਾਲ ਸਹਿਮ ਜਾਂਦਾ ਹਾਂ (ਕਿ ਕਿਵੇਂ ਇਸ ਵਿਚੋਂ ਬਚ ਕੇ ਲੰਘਾਂਗਾ, ਪਰ) ਤੇਰੇ ਡਰ ਵਿਚ ਰਿਹਾਂ (ਇਸ ਸੰਸਾਰ-ਸਮੁੰਦਰ ਦਾ ਕੋਈ) ਡਰ ਨਹੀਂ ਰਹਿ ਜਾਂਦਾ;
46648	1087	ਗੁਰ ਕੈ ਸਬਦਿ ਸੰਤੋਖੀਆ ਨਾਨਕ ਬਿਗਸਾ ਨਾਇ॥੨॥		Gur Kai Sabadh Santhokheeaa Naanak Bigasaa Naae ||2||	Through the Word of the Guru's Shabad, I am content; O Nanak, I blossom forth in the Name. ||2||	ਕਿਉਂਕਿ, ਹੇ ਨਾਨਕ! ਗੁਰੂ ਦੇ ਸ਼ਬਦ ਦੀ ਰਾਹੀਂ ਮੈਂ ਸੰਤੋਖ ਵਾਲਾ ਬਣ ਰਿਹਾ ਹਾਂ ਤੇ ਪ੍ਰਭੂ ਦੇ ਨਾਮ ਦੀ ਰਾਹੀਂ ਮੈਂ ਖਿੜਦਾ ਹਾਂ ॥੨॥
46649	1087	ਮਃ ੪॥		Ma 4 ||	Fourth Mehl:	

46650	1087	ਚੜਿ ਬੋਹਿਥੈ ਚਾਲਸਉ ਸਾਗਰੁ ਲਹਰੀ ਦੇਇ॥	ਚੜ੍ਹਿ	Charr Bohithhai Chaalaso Saagar Leharee Dhaee ||	I get on board the boat and set out, but the ocean is churning with waves.	(ਸੰਸਾਰ-) ਸਮੁੰਦਰ (ਤਾਂ ਵਿਕਾਰਾਂ ਦੀਆਂ) ਠਾਠਾਂ ਮਾਰ ਰਿਹਾ ਹੈ ਪਰ ਮੈਂ (ਗੁਰ-ਸ਼ਬਦ-ਰੂਪ) ਜਹਾਜ਼ ਵਿਚ ਚੜ੍ਹ ਕੇ (ਇਸ ਸਮੁੰਦਰ ਵਿਚੋਂ) ਲੰਘਾਂਗਾ।
46651	1087	ਠਾਕ ਨ ਸਚੈ ਬੋਹਿਥੈ ਜੇ ਗੁਰੁ ਧੀਰਕ ਦੇਇ॥		Thaak N Sachai Bohithhai Jae Gur Dhheerak Dhaee ||	The boat of Truth encounters no obstruction, if the Guru gives encouragement.	ਜੇ ਸਤਿਗੁਰ ਹੌਸਲਾ ਦੇਵੇ ਤਾਂ ਇਸ ਸੱਚੇ ਜਹਾਜ਼ ਵਿਚ ਚੜ੍ਹਿਆਂ (ਸਫ਼ਰ ਵਿਚ) ਕੋਈ ਰੋਕ ਨਹੀਂ ਪਏਗੀ।
46652	1087	ਤਿਤੁ ਦਰਿ ਜਾਇ ਉਤਾਰੀਆ ਗੁਰੁ ਦਿਸੈ ਸਾਵਧਾਨੁ॥		Thith Dhar Jaae Outhaareeaa Gur Dhisai Saavadhhaan ||	He takes us across to the door on the other side, as the Guru keeps watch.	ਮੈਨੂੰ ਆਪਣਾ ਗੁਰੂ ਸੁਚੇਤ ਦਿੱਸ ਰਿਹਾ ਹੈ (ਮੈਨੂੰ ਨਿਸ਼ਚਾ ਹੈ ਕਿ ਗੁਰੂ ਮੈਨੂੰ) ਉਸ (ਪ੍ਰਭੂ ਦੇ) ਦਰ ਤੇ ਜਾ ਉਤਾਰੇਗਾ।
46653	1087	ਨਾਨਕ ਨਦਰੀ ਪਾਈਐ ਦਰਗਹ ਚਲੈ ਮਾਨੁ॥੩॥		Naanak Nadharee Paaeeai Dharageh Chalai Maan ||3||	O Nanak, if I am blessed with His Grace, I shall go to His Court with honor. ||3||	ਹੇ ਨਾਨਕ! (ਇਹ ਗੁਰ-ਸ਼ਬਦ ਦਾ ਜਹਾਜ਼) ਪ੍ਰਭੂ ਦੀ ਮਿਹਰ ਨਾਲ ਮਿਲਦਾ ਹੈ (ਇਸ ਦੀ ਬਰਕਤਿ ਨਾਲ) ਪ੍ਰਭੂ ਦੀ ਹਜ਼ੂਰੀ ਵਿਚ ਆਦਰ ਮਿਲਦਾ ਹੈ ॥੩॥
46654	1087	ਪਉੜੀ॥		Pourree ||	Pauree:	
46655	1087	ਨਿਹਕੰਟਕ ਰਾਜੁ ਭੁੰਚਿ ਤੂ ਗੁਰਮੁਖਿ ਸਚੁ ਕਮਾਈ॥		Nihakanttak Raaj Bhunch Thoo Guramukh Sach Kamaaee ||	Enjoy your kingdom of bliss; as Gurmukh, practice Truth.	ਗੁਰੂ ਦੇ ਸਨਮੁਖ ਹੋ ਕੇ ਸਿਮਰਨ ਦੀ ਕਮਾਈ ਕਰ (ਤੇ ਇਸ ਤਰ੍ਹਾਂ) ਨਿਰਚੋਭ ਰਾਜ ਮਾਣ,

46656	1087	ਸਚੈ ਤਖਤਿ ਬੈਠਾ ਨਿਆਉ ਕਰਿ ਸਤਸੰਗਤਿ ਮੇਲਿ ਮਿਲਾਈ॥		Sachai Thakhath Baithaa Niaao Kar Sathasangath Mael Milaaee ||	Sitting upon the throne of Truth, the Lord administers justice; He unites us in Union with the Society of the Saints.	(ਕਿਉਂਕਿ) ਜੋ ਪ੍ਰਭੂ ਸਦਾ-ਥਿਰ ਤਖ਼ਤ ਤੇ ਬਹਿ ਕੇ ਨਿਆਂ ਕਰ ਰਿਹਾ ਹੈ ਉਹ ਤੈਨੂੰ ਸਤਸੰਗ ਵਿਚ ਮਿਲਾ ਦੇਵੇਗਾ,
46657	1087	ਸਚਾ ਉਪਦੇਸੁ ਹਰਿ ਜਾਪਣਾ ਹਰਿ ਸਿਉ ਬਣਿ ਆਈ॥		Sachaa Oupadhaes Har Jaapanaa Har Sio Ban Aaee ||	Meditating on the Lord, through the True Teachings, we become just like the Lord.	ਓਥੇ ਨਾਮ-ਸਿਮਰਨ ਦੀ ਸੱਚੀ ਸਿੱਖਿਆ ਕਮਾਇਆਂ ਤੇਰੀ ਪ੍ਰਭੂ ਨਾਲ ਬਣ ਆਵੇਗੀ।
46658	1087	ਐਥੈ ਸੁਖਦਾਤਾ ਮਨਿ ਵਸੈ ਅੰਤਿ ਹੋਇ ਸਖਾਈ॥		Aithhai Sukhadhaathaa Man Vasai Anth Hoe Sakhaaee ||	If the Lord, the Giver of peace, abides in the mind, in this world, then in the end, He becomes our help and support.	ਇਸ ਜੀਵਨ ਵਿਚ ਸੁਖਦਾਤਾ ਰੱਬ ਮਨ ਵਿਚ ਵੱਸੇਗਾ ਤੇ ਅੰਤ ਵੇਲੇ ਭੀ ਸਾਥੀ ਬਣੇਗਾ।
46659	1087	ਹਰਿ ਸਿਉ ਪ੍ਰੀਤਿ ਊਪਜੀ ਗੁਰਿ ਸੋਝੀ ਪਾਈ॥੨॥		Har Sio Preeth Oopajee Gur Sojhee Paaee ||2||	Love for the Lord wells up, when the Guru imparts understanding. ||2||	ਜਿਸ ਮਨੁੱਖ ਨੂੰ ਸਤਿਗੁਰੂ ਨੇ ਸਮਝ ਬਖ਼ਸ਼ੀ ਉਸ ਦਾ ਪ੍ਰਭੂ ਨਾਲ ਪਿਆਰ ਬਣ ਜਾਂਦਾ ਹੈ ॥੨॥
46660	1087	ਸਲੋਕੁ ਮਃ ੧॥		Salok Ma 1 ||	Shalok, First Mehl:	
46661	1087	ਭੂਲੀ ਭੂਲੀ ਮੈ ਫਿਰੀ ਪਾਧਰੁ ਕਹੈ ਨ ਕੋਇ॥		Bhoolee Bhoolee Mai Firee Paadhhar Kehai N Koe ||	Confused and deluded, I wander around, but no one shows me the way.	ਬਥੇਰੇ ਚਿਰ ਤੋਂ ਖੁੰਝੀ ਹੋਈ ਮੈਂ ਭਟਕ ਰਹੀ ਹਾਂ, ਮੈਨੂੰ ਕੋਈ ਪੱਧਰਾ ਰਾਹ ਨਹੀਂ ਦੱਸਦਾ,

46662	1087	ਪੂਛਹੁ ਜਾਇ ਸਿਆਣਿਆ ਦੁਖੁ ਕਾਟੈ ਮੇਰਾ ਕੋਇ॥		Pooshhahu Jaae Siaaniaa Dhukh Kaattai Maeraa Koe ||	I go and ask the clever people, if there is there anyone who can rid me of my pain.	ਕੋਈ ਧਿਰ ਜਾ ਕੇ ਕਿਸੇ ਸਿਆਣੇ ਬੰਦਿਆਂ ਨੂੰ ਪੁੱਛੇ, ਭਲਾ ਜੇ ਕੋਈ ਮੇਰਾ ਕਸ਼ਟ ਕੱਟ ਦੇਵੇ।
46663	1087	ਸਤਿਗੁਰੁ ਸਾਚਾ ਮਨਿ ਵਸੈ ਸਾਜਨੁ ਉਤ ਹੀ ਠਾਇ॥		Sathigur Saachaa Man Vasai Saajan Outh Hee Thaae ||	If the True Guru abides within my mind, then I see the Lord, my best friend, there.	ਹੇ ਨਾਨਕ! ਜੇ ਸੱਚਾ ਗੁਰੂ ਮਨ ਵਿਚ ਆ ਵੱਸੇ ਤਾਂ ਸੱਜਣ ਪ੍ਰਭੂ ਭੀ ਓਸੇ ਥਾਂ (ਭਾਵ, ਹਿਰਦੇ ਵਿਚ ਹੀ ਮਿਲ ਪੈਂਦਾ ਹੈ),
46664	1087	ਨਾਨਕ ਮਨੁ ਤ੍ਰਿਪਤਾਸੀਐ ਸਿਫਤੀ ਸਾਚੈ ਨਾਇ॥੧॥		Naanak Man Thripathaaseeai Sifathee Saachai Naae ||1||	O Nanak, my mind is satisfied and fulfilled, contemplating the Praises of the True Name. ||1||	ਪ੍ਰਭੂ ਦੀ ਸਿਫ਼ਤ-ਸਾਲਾਹ ਕਰਨ ਨਾਲ ਤੇ ਪ੍ਰਭੂ ਦਾ ਨਾਮ ਸਿਮਰਿਆਂ ਮਨ ਭਟਕਣੋਂ ਹਟ ਜਾਂਦਾ ਹੈ ॥੧॥
46665	1087	ਮਃ ੩॥		Ma 3 ||	Third Mehl:	
46666	1087	ਆਪੇ ਕਰਣੀ ਕਾਰ ਆਪਿ ਆਪੇ ਕਰੇ ਰਜਾਇ॥		Aapae Karanee Kaar Aap Aapae Karae Rajaae ||	He Himself is the Doer, and He is the deed; He Himself issues the Command.	ਪ੍ਰਭੂ ਆਪਣੀ ਰਜ਼ਾ ਵਿਚ ਆਪ ਹੀ ਕਰਨ-ਜੋਗ ਕਾਰ ਕਰਦਾ ਹੈ,
46667	1087	ਆਪੇ ਕਿਸ ਹੀ ਬਖਸਿ ਲਏ ਆਪੇ ਕਾਰ ਕਮਾਇ॥		Aapae Kis Hee Bakhas Leae Aapae Kaar Kamaae ||	He Himself forgives some, and He Himself does the deed.	ਆਪ ਹੀ ਜੀਵ ਨੂੰ ਬਖ਼ਸ਼ਦਾ ਹੈ ਆਪ ਹੀ (ਜਿਸ ਤੇ ਮਿਹਰ ਕਰੇ ਉਸ ਵਿਚ ਪ੍ਰਤੱਖ ਹੋ ਕੇ ਭਗਤੀ ਦੀ) ਕਾਰ ਕਮਾਂਦਾ ਹੈ।

46668	1087	ਨਾਨਕ ਚਾਨਣੁ ਗੁਰ ਮਿਲੇ ਦੁਖ ਬਿਖੁ ਜਾਲੀ ਨਾਇ॥੨॥		Naanak Chaanan Gur Milae Dhukh Bikh Jaalee Naae ||2||	O Nanak, receiving the Divine Light from the Guru, suffering and corruption are burnt away, through the Name. ||2||	ਹੇ ਨਾਨਕ! ਗੁਰੂ ਨੂੰ ਮਿਲ ਕੇ ਜਿਸ ਦੇ ਹਿਰਦੇ ਵਿਚ ਪ੍ਰਕਾਸ਼ ਹੁੰਦਾ ਹੈ ਉਹ 'ਨਾਮ' ਸਿਮਰ ਕੇ ਵਿਹੁ-ਰੂਪ ਮਾਇਆ ਤੋਂ ਪੈਦਾ ਹੋਏ ਦੁੱਖ ਸਾੜ ਦੇਂਦਾ ਹੈ ॥੨॥
46669	1087	ਪਉੜੀ॥		Pourree ||	Pauree:	
46670	1087	ਮਾਇਆ ਵੇਖਿ ਨ ਭੁਲੁ ਤੂ ਮਨਮੁਖ ਮੂਰਖਾ॥		Maaeiaa Vaekh N Bhul Thoo Manamukh Moorakhaa ||	Don't be fooled by gazing at the riches of Maya, you foolish self-willed manmukh.	ਹੇ ਮੂਰਖ! ਹੇ ਮਨ ਦੇ ਗ਼ੁਲਾਮ! ਮਾਇਆ ਨੂੰ ਵੇਖ ਕੇ ਉਕਾਈ ਨਾਹ ਖਾਹ,
46671	1087	ਚਲਦਿਆ ਨਾਲਿ ਨ ਚਲਈ ਸਭੁ ਝੂਠੁ ਦਰਬੁ ਲਖਾ॥	ਚੱਲਦਿਆਂ। ਚੱ-ਲਈ। ਲੱਖਾਂ	Chaladhiaa Naal N Chalee Sabh Jhooth Dharab Lakhaa ||	It shall not go along with you when you must depart; all the wealth you see is false.	ਇਹ (ਏਥੋਂ) ਤੁਰਨ ਵੇਲੇ ਕਿਸੇ ਦੇ ਨਾਲ ਨਹੀਂ ਤੁਰਦੀ, ਸੋ, ਸਾਰੇ ਧਨ ਨੂੰ ਝੂਠਾ (ਸਾਥੀ) ਜਾਣ।
46672	1087	ਅਗਿਆਨੀ ਅੰਧੁ ਨ ਬੂਝਈ ਸਿਰ ਊਪਰਿ ਜਮ ਖੜਗੁ ਕਲਖਾ॥	(ਕਲੱਖਾ) ਖਿੱਚਿਆ। ਬੂੱਝਈ	Agiaanee Andhh N Boojhee Sir Oopar Jam Kharrag Kalakhaa ||	The blind and ignorant do not understand, that the sword of death is hanging over their heads.	(ਪਰ ਇਸ ਮਾਇਆ ਨੂੰ ਵੇਖ ਕੇ) ਮੂਰਖ ਅੰਨ੍ਹਾ ਮਨੁੱਖ ਨਹੀਂ ਸਮਝਦਾ ਕਿ ਸਿਰ ਉਤੇ ਜਮ ਦੀ ਮੌਤ ਦੀ ਤਲਵਾਰ ਭੀ ਹੈ (ਤੇ ਇਸ ਮਾਇਆ ਨਾਲੋਂ ਸਾਥ ਟੁੱਟਣਾ ਹੈ)।
46673	1087	ਗੁਰ ਪਰਸਾਂਦੀ ਉਬਰੇ ਜਿਨ ਹਰਿ ਰਸੁ ਚਖਾ॥	ਚੱਖਾ	Gur Parasaadhee Oubarae Jin Har Ras Chakhaa ||	By Guru's Grace, those who drink in the sublime essence of the Lord are saved.	ਜਿਨ੍ਹਾਂ ਮਨੁੱਖਾਂ ਨੇ ਹਰਿ-ਨਾਮ ਦਾ ਰਸ ਚੱਖਿਆ ਹੈ ਉਹ ਗੁਰੂ ਦੀ ਮਿਹਰ ਨਾਲ (ਮਾਇਆ ਵਿਚ ਮੋਹ ਪਾਣ ਦੀ ਉਕਾਈ ਤੋਂ) ਬਚ ਜਾਂਦੇ ਹਨ।

46674	1088	ਆਪਿ ਕਰਾਏ ਕਰੇਂ ਆਪਿ ਆਪੇ ਹਰਿ ਰਖਾ॥੩॥		Aap Karaaeae Karae Aap Aapae Har Rakhaa ||3||	He Himself is the Doer, and He Himself is the Cause; the Lord Himself is our Saving Grace. ||3||	ਇਹ (ਉੱਦਮ) ਪ੍ਰਭੂ ਆਪ ਹੀ (ਜੀਵ ਪਾਸੋਂ) ਕਰਾਂਦਾ ਹੈ (ਜੀਵ ਵਿਚ ਬੈਠ ਕੇ, ਮਾਨੇ) ਆਪ ਹੀ ਕਰਦਾ ਹੈ, ਆਪ ਹੀ ਜੀਵ ਦਾ ਰਾਖਾ ਹੈ ॥੩॥
46675	1088	ਸਲੋਕੁ ਮਃ ੩॥		Salok Ma 3 ||	Shalok, Third Mehl:	
46676	1088	ਜਿਨਾ ਗੁਰੁ ਨਹੀ ਭੇਟਿਆ ਭੈ ਕੀ ਨਾਹੀ ਬਿੰਦ॥		Jinaa Gur Nehee Bhaettiaa Bhai Kee Naahee Bindh ||	Those who do not meet with the Guru, who have no Fear of God at all,	ਜਿਨ੍ਹਾਂ ਨੂੰ ਗੁਰੂ ਨਹੀਂ ਮਿਲਿਆ, ਜਿਨ੍ਹਾਂ ਦੇ ਅੰਦਰ ਰੱਬ ਦਾ ਰਤਾ ਭੀ ਡਰ ਨਹੀਂ,
46677	1088	ਆਵਣੁ ਜਾਵਣੁ ਦੁਖੁ ਘਣਾ ਕਦੇ ਨ ਚੂਕੈ ਚਿੰਦ॥		Aavan Jaavan Dhukh Ghanaa Kadhae N Chookai Chindh ||	Continue coming and going in reincarnation, and suffer terrible pain; their anxiety is never relieved.	ਉਹਨਾਂ ਨੂੰ ਜੰਮਣ ਮਰਨ (ਦਾ) ਡਾਢਾ ਦੁੱਖ ਲੱਗਾ ਰਹਿੰਦਾ ਹੈ, ਉਹਨਾਂ ਦੀ ਚਿੰਤਾ ਕਦੇ ਮੁੱਕਦੀ ਨਹੀਂ।
46678	1088	ਕਾਪੜ ਜਿਵੈ ਪਛੋੜੀਐ ਘੜੀ ਮੁਹਤ ਘੜੀਆਲੁ॥		Kaaparr Jivai Pashhorreeai Gharree Muhath Gharreeaal ||	They are beaten like clothes being washed on the rocks, and struck every hour like chimes.	ਜਿਵੇਂ (ਧੋਣ ਵੇਲੇ) ਕੱਪੜਾ (ਪਟੜੇ ਤੇ) ਪਟਕਾਈਦਾ ਹੈ, ਜਿਵੇਂ ਘੜਿਆਲ ਮੁੜ ਮੁੜ (ਚੋਟਾਂ ਖਾਂਦਾ ਹੈ)
46679	1088	ਨਾਨਕ ਸਚੇ ਨਾਮ ਬਿਨੁ ਸਿਰਹੁ ਨ ਚੁਕੈ ਜੰਜਾਲੁ॥੧॥		Naanak Sachae Naam Bin Sirahu N Chukai Janjaal ||1||	O Nanak, without the True Name, these entanglements are not removed from hanging over one's head. ||1||	ਹੇ ਨਾਨਕ! ਤਿਵੇਂ ਪ੍ਰਭੂ-ਨਾਮ ਤੋਂ ਵਾਂਜੇ ਰਹਿ ਕੇ ਉਹਨਾਂ ਦੇ ਸਿਰ ਤੋਂ (ਭੀ) ਸਹਸਾ ਨਹੀਂ ਮੁੱਕਦਾ ॥੧॥
46680	1088	ਮਃ ੩॥		Ma 3 ||	Third Mehl:	

46681	1088	ਤ੍ਰਿਭਵਣ ਢੂਢੀ ਸਜਣਾ ਹਉਮੈ ਬੁਰੀ ਜਗਤਿ॥	ਜੱਗ–ਤਿ	Thribhavan Dtoodtee Sajanaa Houmai Buree Jagath ||	I have searched throughout the three worlds, O my friend; egotism is bad for the world.	ਹੇ ਸੱਜਣ (ਪ੍ਰਭੂ!) ਮੈਂ ਤਿੰਨਾਂ ਹੀ ਭਵਨਾਂ ਵਿਚ ਭਾਲ ਵੇਖਿਆ ਹੈ ਕਿ ਜਗਤ ਵਿਚ 'ਹਉਮੈ' ਚੰਦਰੀ (ਬਲਾ ਚੰਬੜੀ ਹੋਈ) ਹੈ।
46682	1088	ਨਾ ਝੁਰੁ ਹੀਅੜੇ ਸਚੁ ਚਉ ਨਾਨਕ ਸਚੋ ਸਚੁ॥੨॥		Naa Jhur Heearrae Sach Cho Naanak Sacho Sach ||2||	Don't worry, O my soul; speak the Truth, O Nanak, the Truth, and only the Truth. ||2||	(ਪਰ) ਹੇ ਨਾਨਕ ਦੇ ਦਿਲ! (ਇਸ 'ਹਉਮੈ' ਤੋਂ ਘਾਬਰ ਕੇ) ਚਿੰਤਾ ਨਾਹ ਕਰ, ਤੇ ਪ੍ਰਭੂ ਦਾ ਨਾਮ ਸਿਮਰ ਜੋ ਸਦਾ ਹੀ ਥਿਰ ਰਹਿਣ ਵਾਲਾ ਹੈ ॥੨॥
46683	1088	ਪਉੜੀ॥		Pourree ||	Pauree:	
46684	1088	ਗੁਰਮੁਖਿ ਆਪੇ ਬਖਸਿਓਨੁ ਹਰਿ ਨਾਮਿ ਸਮਾਣੇ॥		Guramukh Aapae Bakhasioun Har Naam Samaanae ||	The Lord Himself forgives the Gurmukhs; they are absorbed and immersed in the Lord's Name.	ਜੋ ਜੋ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਸ ਨੂੰ ਪ੍ਰਭੂ ਆਪ ਹੀ ਬਖ਼ਸ਼ਦਾ ਹੈ (ਭਾਵ, ਮਾਇਆ ਦੇ ਅਸਰ ਤੋਂ ਬਚਾਂਦਾ ਹੈ; ਵੇਖੋ ਪਉੜੀ ੩), ਉਹ ਮਨੁੱਖ ਪ੍ਰਭੂ ਦੇ ਨਾਮ ਵਿਚ ਜੁੜਦੇ ਹਨ।
46685	1088	ਆਪੇ ਭਗਤੀ ਲਾਇਓਨੁ ਗੁਰ ਸਬਦਿ ਨੀਸਾਣੇ॥		Aapae Bhagathee Laaeioun Gur Sabadh Neesaanae ||	He Himself links them to devotional worship; they bear the Insignia of the Guru's Shabad.	ਸਤਿਗੁਰੂ ਦੇ ਸ਼ਬਦ ਦੀ ਰਾਹੀਂ (ਮਾਇਆ ਦੇ ਅਸਰ ਤੋਂ ਨਿਖੇੜਨ ਵਾਲਾ) ਨਿਸ਼ਾਨ ਲਾ ਕੇ ਆਪ ਹੀ ਉਸ ਨੇ (ਗੁਰਮੁਖ ਨੂੰ) ਭਗਤੀ ਵਿਚ ਲਾਇਆ ਹੈ।

46686	1088	ਸਨਮੁਖ ਸਦਾ ਸੋਹਣੇ ਸਚੈ ਦਰਿ ਜਾਣੇ॥		Sanamukh Sadhaa Sohanae Sachai Dhar Jaanae ||	Those who turn towards the Guru, as sunmukh, are beautiful. They are famous in the Court of the True Lord.	ਜੋ ਮਨੁੱਖ ਭਗਤੀ ਕਰਦੇ ਹਨ ਉਹਨਾਂ ਨੂੰ ਪ੍ਰਭੂ ਦੇ ਦਰ ਤੇ ਅੱਖਾਂ ਨੀਵੀਆਂ ਨਹੀਂ ਕਰਨੀਆਂ ਪੈਂਦੀਆਂ, (ਕਿਉਂਕਿ ਭਗਤੀ ਕਰਨ ਕਰਕੇ) ਉਹਨਾਂ ਦੇ ਮੂੰਹ ਸੋਹਣੇ ਲੱਗਦੇ ਹਨ, ਪ੍ਰਭੂ-ਦਰ ਤੇ ਆਦਰ ਮਿਲਦਾ ਹੈ।
46687	1088	ਐਥੈ ਓਥੈ ਮੁਕਤਿ ਹੈ ਜਿਨ ਰਾਮ ਪਛਾਣੇ॥		Aithhai Outhhai Mukath Hai Jin Raam Pashhaanae ||	In this world, and in the world hereafter, they are liberated; they realize the Lord.	ਜਿਨ੍ਹਾਂ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਹੈ ਉਹ ਲੋਕ ਪਰਲੋਕ ਵਿਚ (ਮਾਇਆ ਦੇ ਪ੍ਰਭਾਵ ਤੋਂ) ਆਜ਼ਾਦ ਰਹਿੰਦੇ ਹਨ।
46688	1088	ਧੰਨੁ ਧੰਨੁ ਸੇ ਜਨ ਜਿਨ ਹਰਿ ਸੇਵਿਆ ਤਿਨ ਹਉ ਕੁਰਬਾਣੇ॥੪॥		Dhhann Dhhann Sae Jan Jin Har Saeviaa Thin Ho Kurabaanae ||4||	Blessed, blessed are those humble beings who serve the Lord. I am a sacrifice to them. ||4||	ਭਾਗਾਂ ਵਾਲੇ ਹਨ ਉਹ ਬੰਦੇ ਜਿਨ੍ਹਾਂ ਪ੍ਰਭੂ ਦੀ ਬੰਦਗੀ ਕੀਤੀ ਹੈ, ਮੈਂ ਉਹਨਾਂ ਤੋਂ ਸਦਕੇ ਹਾਂ ॥੪॥
46689	1088	ਸਲੋਕੁ ਮਃ ੧॥		Salok Ma 1 ||	Shalok, First Mehl:	
46690	1088	ਮਹਲ ਕੁਚਜੀ ਮੜਵੜੀ ਕਾਲੀ ਮਨਹੁ ਕਸੁਧ॥	(ਮਹਲ) ਇਸਤ੍ਰੀ, ਜਿੰਦ। (ਮੜਵੜੀ) ਸ੍ਰੀਰ ਰੂਪੀ (ਮੜ) ਮੜੇ ਚ (ਵੜੀ) ਪ੍ਰਵੇਸ਼ ਹੋਈ। ਕੁ-ਚੱਜੀ। ਕ-ਸੁੱਧ	Mehal Kuchajee Marravarree Kaalee Manahu Kasudhh ||	The rude, ill-mannered bride is encased in the body-tomb; she is blackened, and her mind is impure.	ਉਸ (ਜੀਵ-) ਇਸਤ੍ਰੀ ਨੂੰ ਕੋਈ ਚੱਜ ਨਹੀਂ ਜੋ ਨਿਰਾ ਆਪਣੇ ਸਰੀਰ ਨਾਲ ਪਿਆਰ ਕਰਦੀ ਹੈ, ਉਹ ਅੰਦਰੋਂ ਕਾਲੀ ਹੈ, ਮੈਲੀ ਹੈ।

46691	1088	ਜੇ ਗੁਣ ਹੋਵਨਿ ਤਾ ਪਿਰੁ ਰਵੈ ਨਾਨਕ ਅਵਗੁਣ ਮੁੰਧ॥੧॥		Jae Gun Hovan Thaa Pir Ravai Naanak Avagun Mundhh ||1||	She can enjoy her Husband Lord, only if she is virtuous. O Nanak, the soul-bride is unworthy, and without virtue. ||1||	ਹੇ ਨਾਨਕ! (ਜੀਵ-ਇਸਤ੍ਰੀ) ਖਸਮ ਪ੍ਰਭੂ ਨੂੰ ਤਾਂ ਹੀ ਮਿਲ ਸਕਦੀ ਹੈ ਜੇ (ਉਸ ਦੇ) ਅੰਦਰ ਗੁਣ ਹੋਣ, (ਪਰ ਕੁਚੱਜੀ) ਇਸਤ੍ਰੀ ਦੇ ਪਾਸ ਹੋਏ ਨਿਰੇ ਔਗੁਣ ਹੀ ॥੧॥
46692	1088	ਮਃ ੧॥		Ma 1 ||	First Mehl:	
46693	1088	ਸਾਚੁ ਸੀਲ ਸਚੁ ਸੰਜਮੀ ਸਾ ਪੂਰੀ ਪਰਵਾਰਿ॥		Saach Seel Sach Sanjamee Saa Pooree Paravaar ||	She has good conduct, true self-discipline, and a perfect family.	ਉਹੀ ਜੀਵ-ਇਸਤ੍ਰੀ ਚੰਗੇ ਆਚਰਨ ਵਾਲੀ ਤੇ ਜੁਗਤਿ ਵਾਲੀ ਹੈ, ਉਹੀ ਪਰਵਾਰ ਵਿਚ ਮੰਨੀ-ਪ੍ਰਮੰਨੀ ਹੈ,
46694	1088	ਨਾਨਕ ਅਹਿ ਨਿਸਿ ਸਦਾ ਭਲੀ ਪਿਰ ਕੈ ਹੇਤਿ ਪਿਆਰਿ॥੨॥		Naanak Ahinis Sadhaa Bhalee Pir Kai Haeth Piaar ||2||	O Nanak, day and night, she is always good; she loves her Beloved Husband Lord. ||2||	ਹੇ ਨਾਨਕ! ਜੋ ਇਸਤ੍ਰੀ ਪਤੀ ਦੇ ਹਿਤ ਵਿਚ ਪਿਆਰ ਵਿਚ ਰਹਿੰਦੀ ਹੈ। ਉਹ ਦਿਨੇ ਰਾਤ ਹਰ ਵੇਲੇ ਚੰਗੀ ਹੈ ॥੨॥
46695	1088	ਪਉੜੀ॥		Pourree ||	Pauree:	
46696	1088	ਆਪਣਾ ਆਪੁ ਪਛਾਣਿਆ ਨਾਮੁ ਨਿਧਾਨੁ ਪਾਇਆ॥		Aapanaa Aap Pashhaaniaa Naam Nidhhaan Paaeiaa ||	One who realizes his own self, is blessed with the treasure of the Naam, the Name of the Lord.	ਜਿਸ ਮਨੁੱਖ ਨੇ ਆਪਣੇ ਆਤਮਕ ਜੀਵਨ ਨੂੰ (ਸਦਾ) ਪੜਤਾਲਿਆ ਹੈ ਉਸ ਨੂੰ ਨਾਮ-ਖ਼ਜ਼ਾਨਾ ਮਿਲ ਜਾਂਦਾ ਹੈ,

46697	1088	ਕਿਰਪਾ ਕਰਿ ਕੈ ਆਪਣੀ ਗੁਰ ਸਬਦਿ ਮਿਲਾਇਆ॥		Kirapaa Kar Kai Aapanee Gur Sabadh Milaaeiaa ||	Granting His Mercy, the Guru merges him in the Word of His Shabad.	ਪ੍ਰਭੂ ਆਪਣੀ ਮਿਹਰ ਕਰ ਕੇ ਉਸ ਨੂੰ ਸਤਿਗੁਰੂ ਦੇ ਸ਼ਬਦ ਵਿਚ ਜੋੜਦਾ ਹੈ,
46698	1088	ਗੁਰ ਕੀ ਬਾਣੀ ਨਿਰਮਲੀ ਹਰਿ ਰਸੁ ਪੀਆਇਆ॥		Gur Kee Baanee Niramalee Har Ras Peeaaeiaa ||	The Word of the Guru's Bani is immaculate and pure; through it, one drinks in the sublime essence of the Lord.	ਤੇ, ਗੁਰੂ ਦੀ ਪਵਿਤ੍ਰ ਬਾਣੀ ਦੀ ਰਾਹੀਂ ਉਸ ਨੂੰ ਆਪਣੇ ਨਾਮ ਦਾ ਰਸ ਪਿਲਾਂਦਾ ਹੈ।
46699	1088	ਹਰਿ ਰਸੁ ਜਿਨੀ ਚਾਖਿਆ ਅਨ ਰਸ ਠਾਕਿ ਰਹਾਇਆ॥		Har Ras Jinee Chaakhiaa An Ras Thaak Rehaaeiaa ||	Those who taste the sublime essence of the Lord, forsake other flavors.	ਜਿਨ੍ਹਾਂ ਨੇ ਨਾਮ-ਰਸ ਚੱਖਿਆ ਹੈ ਉਹ ਹੋਰ ਰਸਾਂ ਨੂੰ ਵਰਜ ਰੱਖਦੇ ਹਨ (ਭਾਵ, ਦੁਨੀਆ ਦੇ ਚਸਕਿਆਂ ਨੂੰ ਆਪਣੇ ਨੇੜੇ ਨਹੀਂ ਢੁਕਣ ਦੇਂਦੇ)।
46700	1088	ਹਰਿ ਰਸੁ ਪੀ ਸਦਾ ਤ੍ਰਿਪਤਿ ਭਏ ਫਿਰਿ ਤ੍ਰਿਸਨਾ ਭੁਖ ਗਵਾਇਆ॥੫॥		Har Ras Pee Sadhaa Thripath Bheae Fir Thrisanaa Bhukh Gavaaeiaa ||5||	Drinking in the sublime essence of the Lord, they remain satisfied forever; their hunger and thirst are quenched. ||5||	ਨਾਮ-ਰਸ ਪੀ ਕੇ ਉਹ ਸਦਾ ਰੱਜੇ ਰਹਿੰਦੇ ਹਨ ਤੇ ਮਾਇਆ ਦੀ ਤ੍ਰਿਸ਼ਨਾ ਤੇ ਭੁੱਖ ਨਾਸ ਕਰ ਲੈਂਦੇ ਹਨ ॥੫॥
46701	1088	ਸਲੋਕੁ ਮਃ ੩॥		Salok Ma 3 ||	Shalok, Third Mehl:	

46702	1088	ਪਿਰ ਖੁਸੀਏ ਧਨ ਰਾਵੀਏ ਧਨ ਉਰਿ ਨਾਮੁ ਸੀਗਾਰੁ॥		Pir Khuseeeae Dhhan Raaveeeae Dhhan Our Naam Seegaar ||	Her Husband Lord is pleased, and He enjoys His bride; the soul-bride adorns her heart with the Naam, the Name of the Lord.	ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ 'ਨਾਮ'-ਸਿੰਗਾਰ ਹੈ ਉਸ ਨੂੰ ਪ੍ਰਭੂ-ਪਤੀ ਖ਼ੁਸ਼ੀ ਨਾਲ ਆਪਣੇ ਨਾਲ ਮਿਲਾਂਦਾ ਹੈ।
46703	1088	ਨਾਨਕ ਧਨ ਆਗੈ ਖੜੀ ਸੋਭਾਵੰਤੀ ਨਾਰਿ॥੧॥	ਖੜ੍ਹੀ	Naanak Dhhan Aagai Kharree Sobhaavanthee Naar ||1||	O Nanak, that bride who stands before Him, is the most noble and respected woman. ||1||	ਹੇ ਨਾਨਕ! ਜੋ ਜੀਵ-ਇਸਤ੍ਰੀ ਪ੍ਰਭੂ-ਪਤੀ ਦੀ ਹਜ਼ੂਰੀ ਵਿਚ ਖਲੋਤੀ ਰਹਿੰਦੀ ਹੈ ਉਸ ਨੂੰ ਸੋਭਾ ਮਿਲਦੀ ਹੈ ॥੧॥
46704	1088	ਮਃ ੧॥		Ma 1 ||	First Mehl:	
46705	1088	ਸਸੁਰੈ ਪੇਈਐ ਕੰਤ ਕੀ ਕੰਤੁ ਅਗੰਮੁ ਅਥਾਹੁ॥		Sasurai Paeeeai Kanth Kee Kanth Aganm Athhaahu ||	In her father-in-law's home hereafter and in her parents' home in this world she belongs to her Husband Lord. Her Husband is inaccessible and unfathomable.	ਪ੍ਰਭੂ-ਖਸਮ ਅਪਹੁੰਚ ਹੈ ਤੇ ਬਹੁਤ ਡੂੰਘਾ ਹੈ; ਜੋ ਜੀਵ-ਇਸਤ੍ਰੀਆਂ ਸਹੁਰੇ-ਘਰ ਤੇ ਪੇਕੇ-ਘਰ (ਦੋਹੀਂ ਥਾਈਂ, ਭਾਵ ਲੋਕ ਪਰਲੋਕ ਵਿਚ ਉਸ) ਖਸਮ ਦੀਆਂ ਹੋ ਕੇ ਰਹਿੰਦੀਆਂ ਹਨ,
46706	1088	ਨਾਨਕ ਧੰਨੁ ਸੋਹਾਗਣੀ ਜੋ ਭਾਵਹਿ ਵੇਪਰਵਾਹ॥੨॥	ਸੋ: ਔਂਕੜ ਹੋੜੇ ਵਿਚਾਲੇ ਬੋਲੋ	Naanak Dhhann Suohaaganee Jo Bhaavehi Vaeparavaah ||2||	O Nanak, she is the happy soul-bride, who is pleasing to her carefree, independent Lord. ||2||	ਤੇ (ਇਸ ਤਰ੍ਹਾਂ) ਉਸ ਬੇਪਰਵਾਹ ਨੂੰ ਪਿਆਰੀਆਂ ਲੱਗਦੀਆਂ ਹਨ, ਉਹ ਭਾਗਾਂ ਵਾਲੀਆਂ ਹਨ ॥੨॥

46707	1088	ਪਉੜੀ॥		Pourree ||	Pauree:	
46708	1088	ਤਖਤਿ ਰਾਜਾ ਸੋ ਬਹੈ ਜਿ ਤਖਤੈ ਲਾਇਕ ਹੋਈ॥		Thakhath Raajaa So Behai J Thakhathai Laaeik Hoee ||	That king sits upon the throne, who is worthy of that throne.	ਜੋ ਮਨੁੱਖ ਤਖ਼ਤ ਦੇ ਜੋਗ ਹੁੰਦਾ ਹੈ ਉਹੀ ਰਾਜਾ ਬਣ ਕੇ ਤਖ਼ਤ ਤੇ ਬੈਠਦਾ ਹੈ (ਭਾਵ, ਜੋ ਮਾਇਆ ਦੀ 'ਤ੍ਰਿਸ਼ਨਾ ਭੁਖ' ਗਵਾ ਕੇ ਬੇਪਰਵਾਹ ਹੋ ਜਾਂਦਾ ਹੈ ਉਹੀ ਆਦਰ ਪਾਂਦਾ ਹੈ)।
46709	1088	ਜਿਨੀ ਸਚੁ ਪਛਾਣਿਆ ਸਚੁ ਰਾਜੇ ਸੇਈ॥		Jinee Sach Pashhaaniaa Sach Raajae Saeee ||	Those who realize the True Lord, they alone are the true kings.	ਸੋ, ਜਿਨ੍ਹਾਂ ਨੇ ਪ੍ਰਭੂ ਨਾਲ ਡੂੰਘੀ ਸਾਂਝ ਪਾ ਲਈ ਹੈ ਉਹੀ ਅਸਲ ਰਾਜੇ ਹਨ।
46710	1088	ਏਹਿ ਭੂਪਤਿ ਰਾਜੇ ਨ ਆਖੀਅਹਿ ਦੂਜੈ ਭਾਇ ਦੁਖੁ ਹੋਈ॥		Eaehi Bhoopath Raajae N Aakheeahi Dhoojai Bhaae Dhukh Hoee ||	These mere earthly rulers are not called kings; in the love of duality, they suffer.	ਧਰਤੀ ਦੇ ਮਾਲਕ ਬਣੇ ਹੋਏ ਇਹ ਲੋਕ ਰਾਜੇ ਨਹੀਂ ਕਹੇ ਜਾ ਸਕਦੇ, ਇਹਨਾਂ ਨੂੰ (ਇਕ ਤਾਂ) ਮਾਇਆ ਦੇ ਮੋਹ ਕਰਕੇ ਸਦਾ ਦੁੱਖ ਵਾਪਰਦਾ ਹੈ,
46711	1088	ਕੀਤਾ ਕਿਆ ਸਾਲਾਹੀਐ ਜਿਸੁ ਜਾਦੇ ਬਿਲਮ ਨ ਹੋਈ॥		Keethaa Kiaa Saalaaheeai Jis Jaadhae Bilam N Hoee ||	Why should someone praise someone else who is also created? They depart in no time at all.	(ਦੂਜੇ) ਉਸ ਨੂੰ ਕੀਹ ਵਡਿਆਉਣਾ ਹੋਇਆ ਜੋ ਪੈਦਾ ਕੀਤਾ ਹੋਇਆ ਹੈ ਜਿਸ ਦੇ ਨਾਸ ਹੁੰਦਿਆਂ ਚਿਰ ਨਹੀਂ ਲੱਗਦਾ।

46712	1088	ਨਿਹਚਲੁ ਸਚਾ ਏਕੁ ਹੈ ਗੁਰਮੁਖਿ ਬੂਝੈ ਸੁ ਨਿਹਚਲੁ ਹੋਈ॥੬॥		Nihachal Sachaa Eaek Hai Guramukh Boojhai S Nihachal Hoee ||6||	The One True Lord is eternal and imperishable. One who, as Gurmukh, understands becomes eternal as well. ||6||	ਅਟੱਲ ਰਾਜ ਵਾਲਾ ਇਕ ਪ੍ਰਭੂ ਹੀ ਹੈ। ਜੋ ਗੁਰੂ ਦੇ ਸਨਮੁਖ ਹੋ ਕੇ ਇਹ ਗੱਲ ਸਮਝ ਲੈਂਦਾ ਹੈ, ਉਹ ਭੀ ("ਤ੍ਰਿਸ਼ਨਾ ਭੁਖ" ਵਲੋਂ) ਅਡੋਲ ਹੋ ਜਾਂਦਾ ਹੈ ॥੬॥
46713	1088	ਸਲੋਕੁ ਮਃ ੩॥		Salok Ma 3 ||	Shalok, Third Mehl:	
46714	1088	ਸਭਨਾ ਕਾ ਪਿਰੁ ਏਕੁ ਹੈ ਪਿਰ ਬਿਨੁ ਖਾਲੀ ਨਾਹਿ॥		Sabhanaa Kaa Pir Eaek Hai Pir Bin Khaalee Naahi ||	The One Lord is the Husband of all. No one is without the Husband Lord.	ਸਭ ਜੀਵ ਇਸਤ੍ਰੀਆਂ ਦਾ ਖਸਮ ਇਕ ਪ੍ਰਭੂ ਹੈ, ਕੋਈ ਐਸੀ ਨਹੀਂ ਜਿਸ ਦੇ ਸਿਰ ਉਤੇ ਖਸਮ ਨਾਹ ਹੋਵੇ।
46715	1088	ਨਾਨਕ ਸੇ ਸੋਹਾਗਣੀ ਜਿ ਸਤਿਗੁਰ ਮਾਹਿ ਸਮਾਹਿ॥੧॥		Naanak Sae Sohaaganee J Sathigur Maahi Samaahi ||1||	O Nanak, they are the pure soul-brides, who merge in the True Guru. ||1||	ਪਰ, ਹੇ ਨਾਨਕ! ਸੁਹਾਗ-ਭਾਗ ਵਾਲੀਆਂ ਉਹ ਹਨ ਜੋ ਸਤਿਗੁਰੂ ਵਿਚ ਲੀਨ ਹਨ ॥੧॥
46716	1088	ਮਃ ੩॥		Ma 3 ||	Third Mehl:	
46717	1088	ਮਨ ਕੇ ਅਧਿਕ ਤਰੰਗ ਕਿਉ ਦਰਿ ਸਾਹਿਬ ਛੁਟੀਐ॥		Man Kae Adhhik Tharang Kio Dhar Saahib Shhutteeai ||	The mind is churning with so many waves of desire. How can one be emancipated in the Court of the Lord?	(ਜਿਤਨਾ ਚਿਰ) ਮਨ ਦੀਆਂ ਕਈ ਲਹਿਰਾਂ ਹਨ (ਭਾਵ, ਤ੍ਰਿਸ਼ਨਾ ਦੀਆਂ ਕਈ ਲਹਿਰਾਂ ਮਨ ਵਿਚ ਉੱਠ ਰਹੀਆਂ ਹਨ, ਉਤਨਾ ਚਿਰ) ਮਾਲਕ ਦੀ ਹਜ਼ੂਰੀ ਵਿਚ ਸੁਰਖ਼ਰੂ ਨਹੀਂ ਹੋ ਸਕੀਦਾ।

46718	1088	ਜੇ ਰਾਚੈ ਸਚ ਰੰਗਿ ਗੂੜੈ ਰੰਗਿ ਅਪਾਰ ਕੈ॥	ਗੂੜੈ	Jae Raachai Sach Rang Goorrai Rang Apaar Kai ||	Be absorbed in the Lord's True Love, and imbued with the deep color of the Lord's Infinite Love.	ਜੇ ਬੇਅੰਤ ਪ੍ਰਭੂ ਦੇ ਗੂੜ੍ਹੇ ਪਿਆਰ ਵਿਚ, ਸਦਾ-ਥਿਰ ਰਹਿਣ ਵਾਲੇ ਰੰਗ ਵਿਚ ਮਨ ਮਸਤ ਰਹੇ,
46719	1088	ਨਾਨਕ ਗੁਰ ਪਰਸਾਦੀ ਛੁਟੀਐ ਜੇ ਚਿਤੁ ਲਗੈ ਸਚਿ॥੨॥		Naanak Gur Parasaadhee Shhutteeai Jae Chith Lagai Sach ||2||	O Nanak, by Guru's Grace, one is emancipated, if the consciousness is attached to the True Lord. ||2||	ਜੇ ਚਿੱਤ ਸਦਾ-ਥਿਰ ਪ੍ਰਭੂ ਵਿਚ ਜੁੜਿਆ ਰਹੇ, ਤਾਂ, ਹੇ ਨਾਨਕ! ਗੁਰੂ ਦੀ ਮਿਹਰ ਨਾਲ ਸੁਰਖ਼ਰੂ ਹੋਈਦਾ ਹੈ ॥੨॥
46720	1088	ਪਉੜੀ॥		Pourree ||	Pauree:	
46721	1088	ਹਰਿ ਕਾ ਨਾਮੁ ਅਮੋਲੁ ਹੈ ਕਿਉ ਕੀਮਤਿ ਕੀਜੈ॥		Har Kaa Naam Amol Hai Kio Keemath Keejai ||	The Name of the Lord is priceless. How can its value be estimated?	(ਧਰਤੀ ਦੇ ਮਾਲਕ ਰਾਜਿਆਂ ਦੇ ਟਾਕਰੇ ਤੇ) ਪ੍ਰਭੂ ਦਾ ਨਾਮ ਇਕ ਐਸੀ ਵਸਤ ਹੈ ਜਿਸ ਦਾ ਮੁੱਲ ਨਹੀਂ ਪੈ ਸਕਦਾ, ਜਿਸ ਦੇ ਸਾਵੇਂ ਮੁੱਲ ਦੀ ਕੋਈ ਚੀਜ਼ ਨਹੀਂ ਦੱਸੀ ਜਾ ਸਕਦੀ,
46722	1089	ਆਪੇ ਸ੍ਰਿਸਟਿ ਸਭ ਸਾਜੀਅਨੁ ਆਪੇ ਵਰਤੀਜੈ॥		Aapae Srisatt Sabh Saajeean Aapae Varatheejai ||	He Himself created the entire universe, and He Himself is pervading it.	(ਪ੍ਰਭੂ ਦੇ ਨਾਮ ਦੇ ਸਾਵੇਂ ਮੁੱਲ ਦੀ ਚੀਜ਼ ਹੋਵੇ ਭੀ ਕਿਵੇਂ? ਕਿਉਂਕਿ) ਉਸ ਨੇ ਆਪ ਹੀ ਸਾਰੀ ਸ੍ਰਿਸ਼ਟੀ ਬਣਾਈ ਹੈ ਤੇ ਆਪ ਹੀ ਇਸ ਵਿਚ ਹਰ ਥਾਂ ਮੌਜੂਦ ਹੈ।
46723	1089	ਗੁਰਮੁਖਿ ਸਦਾ ਸਲਾਹੀਐ ਸਚੁ ਕੀਮਤਿ ਕੀਜੈ॥		Guramukh Sadhaa Salaaheeai Sach Keemath Keejai ||	The Gurmukhs praise the Lord forever, and through the Truth, they assess Him.	(ਹਾਂ) ਗੁਰੂ ਦੇ ਸਨਮੁਖ ਹੋ ਕੇ ਸਦਾ ਸਿਫ਼ਤ-ਸਾਲਾਹ ਕਰੀਏ (ਬੱਸ, ਇਹ) ਸਿਮਰਨ ਹੀ ('ਨਾਮ' ਦੀ ਪ੍ਰਾਪਤੀ ਲਈ) ਮੁੱਲ ਕੀਤਾ ਜਾ ਸਕਦਾ ਹੈ,

46724	1089	ਗੁਰ ਸਬਦੀ ਕਮਲੁ ਬਿਗਾਸਿਆ ਇਵ ਹਰਿ ਰਸੁ ਪੀਜੈ॥		Gur Sabadhee Kamal Bigaasiaa Eiv Har Ras Peejai ||	Through the Word of the Guru's Shabad, the heart-lotus blossoms forth, and in this way, one drinks in the sublime essence of the Lord.	(ਕਿਉਂਕਿ) ਗੁਰੂ ਦੇ ਸਬਦ ਦੀ ਰਾਹੀਂ ਹਿਰਦਾ-ਕੌਲ ਖਿੜਦਾ ਹੈ ਤੇ ਇਸ ਤਰ੍ਹਾਂ ਨਾਮ-ਰਸ ਪੀਵੀਦਾ ਹੈ,
46725	1089	ਆਵਣ ਜਾਣਾ ਠਾਕਿਆ ਸੁਖਿ ਸਹਜਿ ਸਵੀਜੈ॥੭॥		Aavan Jaanaa Thaakiaa Sukh Sehaj Saveejai ||7||	Coming and going in reincarnation ceases, and one sleeps in peace and poise. ||7||	(ਜਗਤ ਵਿਚ) ਆਉਣ ਜਾਣ ਦਾ ਗੇੜ ਮੁੱਕ ਜਾਂਦਾ ਹੈ ਤੇ ਸੁਖ ਵਿਚ ਅਡੋਲ ਅਵਸਥਾ ਵਿਚ ਲੀਨ ਹੋ ਜਾਈਦਾ ਹੈ ॥੭॥
46726	1089	ਸਲੋਕੁ ਮਃ ੧॥		Salok Ma 1 ||	Shalok, First Mehl:	
46727	1089	ਨਾ ਮੈਲਾ ਨਾ ਧੁੰਧਲਾ ਨਾ ਭਗਵਾ ਨਾ ਕਚੁ॥		Naa Mailaa Naa Dhhundhhalaa Naa Bhagavaa Naa Kach ||	Neither dirty, nor dull, nor saffron, nor any color that fades.	(ਉਸ ਮਨੁੱਖ ਦਾ ਮਨ) ਵਿਕਾਰਾਂ ਨਾਲ ਨਹੀਂ ਲਿੱਬੜਦਾ, ਉਸ ਦੀ ਨਿਗਾਹ ਧੁੰਧਲੀ ਨਹੀਂ ਹੁੰਦੀ (ਭਾਵ, ਉਸ ਨੂੰ ਹਰ ਥਾਂ ਪਰਮਾਤਮਾ ਸਾਫ਼ ਪਿਆ ਦਿੱਸਦਾ ਹੈ) ਉਸ ਨੂੰ ਕਿਸੇ ਭੇਖ ਆਦਿਕ ਦੀ ਤਾਂਘ ਨਹੀਂ ਹੁੰਦੀ, ਨਾਸਵੰਤ ਜਗਤ ਦਾ ਮੋਹ ਭੀ ਉਸ ਨੂੰ ਨਹੀਂ ਵਿਆਪਦਾ।

46728	1089	ਨਾਨਕ ਲਾਲੋ ਲਾਲੁ ਹੈ ਸਚੈ ਰਤਾ ਸਚੁ॥੧॥		Naanak Laalo Laal Hai Sachai Rathaa Sach ||1||	O Nanak, crimson - deep crimson is the color of one who is imbued with the True Lord. ||1||	ਹੇ ਨਾਨਕ! (ਆਖ-ਜਿਹੜਾ ਮਨੁੱਖ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ (ਦੇ ਨਾਮ) ਵਿਚ ਰੰਗਿਆ ਰਹਿੰਦਾ ਹੈ ਉਹ ਸਦਾ-ਥਿਰ ਪ੍ਰਭੂ (ਦਾ ਰੂਪ ਹੀ) ਹੋ ਜਾਂਦਾ ਹੈ, (ਉਸ ਦਾ ਮਨ ਪਰਮਾਤਮਾ ਦੇ ਪ੍ਰੇਮ-ਰੰਗ ਨਾਲ) ਗੂੜ੍ਹਾ ਰੰਗਿਆ ਜਾਂਦਾ ਹੈ ॥੧॥
46729	1089	ਮਃ ੩॥		Ma 3 ||	Third Mehl:	
46730	1089	ਸਹਜਿ ਵਣਸਪਤਿ ਫੁਲੁ ਫਲੁ ਭਵਰੁ ਵਸੈ ਭੈ ਖੰਡਿ॥	ਵ-ਣਸਪਤਿ। ਫੁੱਲੁ	Sehaj Vanasapath Ful Fal Bhavar Vasai Bhai Khandd ||	The bumble bee intuitively and fearlessly dwells among the vegetation, flowers and fruits.	ਉਹ ਜੀਵ-ਭੌਰਾ (ਦੁਨੀਆ ਦੇ) ਸਾਰੇ ਡਰ ਨਾਸ ਕਰ ਕੇ (ਸਦਾ) ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਬਨਸਪਤੀ ਦਾ ਹਰੇਕ ਫੁੱਲ ਹਰੇਕ ਫਲ (ਜਗਤ ਦਾ ਹਰੇਕ ਮਨ-ਮੋਹਣਾ ਪਦਾਰਥ ਉਸ ਨੂੰ ਮਾਇਆ ਦੀ ਭਟਕਣਾ ਵਿਚ ਪਾਣ ਦੇ ਥਾਂ) ਆਤਮਕ ਅਡੋਲਤਾ ਵਿਚ ਟਿਕਾਂਦਾ ਹੈ।

46731	1089	ਨਾਨਕ ਤਰਵਰੁ ਏਕੁ ਹੈ ਏਕੋ ਫੁਲੁ ਭਿਰੰਗੁ॥੨॥	ਪ੍ਰਮੇਸ਼ਰਜੀ ਰੂਪੀ (ਤਰਵਰੁ) ਬ੍ਰਿੱਛ। ਧਰਮ ਰੂਪੀ ਫੁੱਲ। ਗੁਰਸੇਵਕ (ਭਿ-ਰੰਗੁ) ਭੌਰਾ	Naanak Tharavar Eaek Hai Eaeko Ful Bhirang ||2||	O Nanak, there is only one tree, one flower, and one bumble bee. ||2||	ਹੇ ਨਾਨਕ! (ਜਿਵੇਂ ਪੰਛੀਆਂ ਦੇ ਰੈਣ-ਬਸੇਰੇ ਵਾਸਤੇ ਰੁੱਖ ਆਸਰਾ ਹੈ, ਤਿਵੇਂ ਜਿਹੜਾ ਜੀਵ-) ਭੌਰਾ ਸਿਰਫ਼ ਪਰਮਾਤਮਾ ਨੂੰ ਹੀ ਆਸਰਾ-ਸਹਾਰਾ ਸਮਝਦਾ ਹੈ (ਜੋ ਭੌਰਿਆਂ ਵਾਂਗ ਹਰੇਕ ਫੁੱਲ ਦੀ ਸੁਗੰਧੀ ਨਹੀਂ ਲੈਂਦਾ ਫਿਰਦਾ, ਸਗੋਂ ਪਰਮਾਤਮਾ ਦੀ ਸਿਫ਼ਤ ਸਾਲਾਹ-ਰੂਪ) ਫੁੱਲ (ਦੀ ਸੁਗੰਧੀ ਹੀ) ਮਾਣਦਾ ਹੈ ॥੨॥
46732	1089	ਪਉੜੀ॥		Pourree ||	Pauree:	
46733	1089	ਜੋ ਜਨ ਲੂਝਹਿ ਮਨੈ ਸਿਉ ਸੇ ਸੂਰੇ ਪਰਧਾਨਾ॥		Jo Jan Loojhehi Manai Sio Sae Soorae Paradhhaanaa ||	Those humble beings who struggle with their minds are brave and distinguished heroes.	ਜੋ ਮਨੁੱਖ (ਆਪਣੇ) ਮਨ ਨਾਲ ਲੜਦੇ ਹਨ ਉਹ ਸੂਰਮੇ ਇਨਸਾਨ ਬਣਦੇ ਹਨ ਉਹ ਮੰਨੇ-ਪ੍ਰਮੰਨੇ ਜਾਂਦੇ ਹਨ;
46734	1089	ਹਰਿ ਸੇਤੀ ਸਦਾ ਮਿਲਿ ਰਹੇ ਜਿਨੀ ਆਪੁ ਪਛਾਨਾ॥		Har Saethee Sadhaa Mil Rehae Jinee Aap Pashhaanaa ||	Those who realize their own selves, remain forever united with the Lord.	ਜਿਨ੍ਹਾਂ ਨੇ ਆਪਣੇ ਆਪ ਨੂੰ ਪਛਾਣਿਆ ਹੈ ਉਹ ਸਦਾ ਰੱਬ ਨਾਲ ਮਿਲੇ ਰਹਿੰਦੇ ਹਨ।

46735	1089	ਗਿਆਨੀਆ ਕਾ ਇਹੁ ਮਹਤੁ ਹੈ ਮਨ ਮਾਹਿ ਸਮਾਨਾ॥	ਮ-ਹੱਤੁ	Giaaneeaa Kaa Eihu Mehath Hai Man Maahi Samaanaa ||	This is the glory of the spiritual teachers, that they remain absorbed in their mind.	ਗਿਆਨਵਾਨ ਬੰਦਿਆਂ ਦੀ ਵਡਿਆਈ ਹੀ ਇਹ ਹੈ (ਭਾਵ, ਇਸੇ ਗੱਲ ਵਿਚ ਵਡਿਆਈ ਹੈ) ਕਿ ਉਹ ਮਨ ਵਿਚ ਟਿਕੇ ਰਹਿੰਦੇ ਹਨ (ਭਾਵ, ਮਾਇਆ ਦੇ ਪਿੱਛੇ ਭਟਕਣ ਦੇ ਥਾਂ ਅੰਦਰ ਵਲ ਪਰਤੇ ਰਹਿੰਦੇ ਹਨ)।
46736	1089	ਹਰਿ ਜੀਉ ਕਾ ਮਹਲੁ ਪਾਇਆ ਸਚੁ ਲਾਇ ਧਿਆਨਾ॥		Har Jeeo Kaa Mehal Paaeiaa Sach Laae Dhhiaanaa ||	They attain the Mansion of the Lord's Presence, and focus their meditation on the True Lord.	(ਇਸ ਤਰ੍ਹਾਂ) ਸੁਰਤ ਜੋੜ ਕੇ ਉਹਨਾਂ ਨੂੰ ਰੱਬ ਦਾ ਘਰ ਲੱਭ ਪੈਂਦਾ ਹੈ, ਰੱਬ ਮਿਲ ਪੈਂਦਾ ਹੈ।
46737	1089	ਜਿਨ ਗੁਰ ਪਰਸਾਦੀ ਮਨੁ ਜੀਤਿਆ ਜਗੁ ਤਿਨਹਿ ਜਿਤਾਨਾ॥੮॥		Jin Gur Parasaadhee Man Jeethiaa Jag Thinehi Jithaanaa ||8||	Those who conquer their own minds, by Guru's Grace, conquer the world. ||8||	(ਸੋ) ਜਿਨ੍ਹਾਂ ਨੇ ਗੁਰੂ ਦੀ ਮਿਹਰ ਨਾਲ ਆਪਣੇ ਮਨ ਨੂੰ ਜਿੱਤਿਆ ਹੈ ਉਹਨਾਂ ਨੇ ਜਗਤ ਜਿੱਤ ਲਿਆ ਹੈ ॥੮॥
46738	1089	ਸਲੋਕੁ ਮਃ ੩॥		Salok Ma 3 ||	Shalok, Third Mehl:	
46739	1089	ਜੋਗੀ ਹੋਵਾ ਜਗਿ ਭਵਾ ਘਰਿ ਘਰਿ ਭੀਖਿਆ ਲੇਉ॥		Jogee Hovaa Jag Bhavaa Ghar Ghar Bheekhiaa Laeo ||	If I were to become a Yogi, and wander around the world, begging from door to door,	ਜੇ ਮੈਂ ਜੋਗੀ ਬਣ ਜਾਵਾਂ, ਜਗਤ ਵਿਚ ਭੌਂਦਾ ਫਿਰਾਂ ਤੇ ਘਰ ਘਰ ਤੋਂ (ਨਿਰਾ) ਖੈਰ ਹੀ ਲੈਂਦਾ ਰਹਾਂ

46740	1089	ਦਰਗਹ ਲੇਖਾ ਮੰਗੀਐ ਕਿਸੁ ਕਿਸੁ ਉਤਰੁ ਦੇਉ॥		Dharageh Laekhaa Mangeeai Kis Kis Outhar Dhaeo ||	Then, when I am summoned to the Court of the Lord, what answer could I give?	(ਤੇ ਆਪਣੀਆਂ ਕਰਤੂਤਾਂ ਵਲ ਵੇਖਾਂ ਹੀ ਨਾਹ, ਤਾਂ) ਪ੍ਰਭੂ ਦੀ ਹਜ਼ੂਰੀ ਵਿਚ (ਤਾਂ ਅਮਲਾਂ ਦਾ) ਲੇਖਾ ਮੰਗੀਦਾ ਹੈ ਮੈਂ ਕਿਸ ਕਿਸ ਕਰਤੂਤ ਦਾ ਜਵਾਬ ਦਿਆਂਗਾ?
46741	1089	ਭਿਖਿਆ ਨਾਮੁ ਸੰਤੋਖੁ ਮੜੀ ਸਦਾ ਸਚੁ ਹੈ ਨਾਲਿ॥	ਭਿੱਖਿਆ। ਮੜ੍ਹੀ	Bhikhiaa Naam Santhokh Marree Sadhaa Sach Hai Naal ||	The Naam, the Name of the Lord, is the charity I beg for; contentment is my temple. The True Lord is always with me.	(ਜਿਸ ਮਨੁੱਖ ਨੇ) ਪ੍ਰਭੂ ਦੇ ਨਾਮ ਨੂੰ ਭਿੱਛਿਆ ਬਣਾਇਆ ਹੈ ਸੰਤੋਖ ਨੂੰ ਕੁਟੀਆ ਬਣਾਇਆ ਹੈ ਰੱਬ ਸਦਾ ਉਸ ਦੇ ਨਾਲ ਵੱਸਦਾ ਹੈ।
46742	1089	ਭੇਖੀ ਹਾਥ ਨ ਲਧੀਆ ਸਭ ਬਧੀ ਜਮਕਾਲਿ॥	ਭੇਖੀਂ। ਲੱਧੀਆ। ਬੱਧੀ	Bhaekhee Haathh N Ladhheeaa Sabh Badhhee Jamakaal ||	Nothing is obtained by wearing religious robes; all will be seized by the Messenger of Death.	ਭੇਖਾਂ ਨਾਲ ਕਦੇ ਕਿਸੇ ਨੂੰ ਅਸਲੀਅਤ ਨਹੀਂ ਲੱਭੀ, ਸਾਰੀ ਸ੍ਰਿਸ਼ਟੀ ਜਮਕਾਲ ਨੇ ਬੰਨ੍ਹ ਰੱਖੀ ਹੈ।
46743	1089	ਨਾਨਕ ਗਲਾ ਝੂਠੀਆ ਸਚਾ ਨਾਮੁ ਸਮਾਲਿ॥੧॥		Naanak Galaa Jhootheeaa Sachaa Naam Samaal ||1||	O Nanak, talk is false; contemplate the True Name. ||1||	ਹੇ ਨਾਨਕ! ਪ੍ਰਭੂ ਦਾ ਨਾਮ ਹੀ ਯਾਦ ਕਰ, ਇਸ ਤੋਂ ਛੁਟ ਹੋਰ ਗੱਲਾਂ ਕੂੜੀਆਂ ਹਨ ॥੧॥
46744	1089	ਮਃ ੩॥		Ma 3 ||	Third Mehl:	
46745	1089	ਜਿਤੁ ਦਰਿ ਲੇਖਾ ਮੰਗੀਐ ਸੋ ਦਰੁ ਸੇਵਿਹੁ ਨ ਕੋਇ॥		Jith Dhar Laekhaa Mangeeai So Dhar Saevihu N Koe ||	Through that door, you will be called to account; do not serve at that door.	ਜਿਸ ਬੂਹੇ ਤੇ (ਬੈਠਿਆਂ, ਕੀਤੇ ਕਰਮਾਂ ਦਾ) ਲੇਖਾ (ਫਿਰ ਭੀ) ਮੰਗਿਆ ਜਾਣਾ ਹੈ ਉਹ ਬੂਹਾ ਕੋਈ ਨਾਹ ਮੱਲਿਓ।

46746	1089	ਐਸਾ ਸਤਿਗੁਰੁ ਲੋੜਿ ਲਹੁ ਜਿਸੁ ਜੇਵਡੁ ਅਵਰੁ ਨ ਕੋਇ॥		Aisaa Sathigur Lorr Lahu Jis Jaevadd Avar N Koe ||	Seek and find such a True Guru, who has no equal in His greatness.	ਐਸਾ ਗੁਰੂ ਲੱਭੋ ਜਿਸ ਵਰਗਾ ਹੋਰ ਨਾਹ ਲੱਭ ਸਕੇ।
46747	1089	ਤਿਸੁ ਸਰਣਾਈ ਛੂਟੀਐ ਲੇਖਾ ਮੰਗੈ ਨ ਕੋਇ॥		This Saranaaee Shhootteeai Laekhaa Mangai N Koe ||	In His Sanctuary, one is released, and no one calls him to account.	ਉਸ ਗੁਰੂ ਦੀ ਸਰਨ ਪਿਆਂ (ਕਰਮਾਂ ਦੇ ਗੇੜ ਤੋਂ) ਮੁਕਤ ਹੋਈਦਾ ਹੈ। (ਫਿਰ ਕਿਸੇ ਕਰਮਾਂ ਦਾ) ਲੇਖਾ ਕੋਈ ਨਹੀਂ ਮੰਗਦਾ (ਕਿਉਂਕਿ)
46748	1089	ਸਚੁ ਦ੍ਰਿੜਾਏ ਸਚੁ ਦ੍ਰਿੜੁ ਸਚਾ ਓਹੁ ਸਬਦੁ ਦੇਇ॥		Sach Dhrirraaeae Sach Dhrirr Sachaa Ouhu Sabadh Dhaee ||	Truth is implanted within Him, and He implants Truth within others. He bestows the blessing of the True Shabad.	ਉਹ ਗੁਰੂ ਆਪ ਪ੍ਰਭੂ ਦਾ ਨਾਮ ਪੱਲੇ ਬੰਨ੍ਹਦਾ ਹੈ (ਸਰਨ ਆਇਆਂ ਦੇ) ਪੱਲੇ ਬੰਨ੍ਹਾਂਦਾ ਹੈ ਤੇ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਦੇਂਦਾ ਹੈ।
46749	1089	ਹਿਰਦੈ ਜਿਸ ਦੈ ਸਚੁ ਹੈ ਤਨੁ ਮਨੁ ਭੀ ਸਚਾ ਹੋਇ॥		Hiradhai Jis Dhai Sach Hai Than Man Bhee Sachaa Hoe ||	One who has Truth within his heart - his body and mind are also true.	ਜਿਸ ਮਨੁੱਖ ਦੇ ਹਿਰਦੇ ਵਿਚ ਰੱਬ ਆ ਵੱਸਦਾ ਹੈ ਉਸ ਦਾ ਸਰੀਰ ਭੀ ਉਸ ਦਾ ਮਨ ਭੀ ਰੱਬ ਦੇ ਪਿਆਰ ਵਿਚ ਰੰਗਿਆ ਜਾਂਦਾ ਹੈ।
46750	1089	ਨਾਨਕ ਸਚੈ ਹੁਕਮਿ ਮੰਨਿਐ ਸਚੀ ਵਡਿਆਈ ਦੇਇ॥		Naanak Sachai Hukam Manniai Sachee Vaddiaaee Dhaee ||	O Nanak, if one submits to the Hukam, the Command of the True Lord God, he is blessed with true glory and greatness.	ਹੇ ਨਾਨਕ! ਜੇ ਪ੍ਰਭੂ ਦੀ ਰਜ਼ਾ ਮੰਨ ਲਈਏ ਤਾਂ ਉਹ ਸੱਚੀ ਵਡਿਆਈ ਬਖ਼ਸ਼ਦਾ ਹੈ;

46751	1089	ਸਚੇ ਮਾਹਿ ਸਮਾਵਸੀ ਜਿਸ ਨੋ ਨਦਰਿ ਕਰੇਇ॥੨॥		Sachae Maahi Samaavasee Jis No Nadhar Karaee ||2||	He is immersed and merged in the True Lord, who blesses him with His Glance of Grace. ||2||	ਪਰ, ਉਹੀ ਮਨੁੱਖ ਆਪਣਾ ਆਪ ਪ੍ਰਭੂ ਵਿਚ ਲੀਨ ਕਰਦਾ ਹੈ ਜਿਸ ਉਤੇ ਉਹ ਆਪ ਮਿਹਰ ਦੀ ਨਜ਼ਰ ਕਰਦਾ ਹੈ ॥੨॥
46752	1089	ਪਉੜੀ॥		Pourree ||	Pauree:	
46753	1089	ਸੂਰੇ ਏਹਿ ਨ ਆਖੀਅਹਿ ਅਹੰਕਾਰਿ ਮਰਹਿ ਦੁਖੁ ਪਾਵਹਿ॥		Soorae Eaehi N Aakheeahi Ahankaar Marehi Dhukh Paavehi ||	They are not called heroes, who die of egotism, suffering in pain.	ਜੋ ਮਨੁੱਖ ਅਹੰਕਾਰ ਵਿਚ ਮਰਦੇ ਹਨ (ਖਪਦੇ ਹਨ) ਤੇ ਦੁੱਖ ਪਾਂਦੇ ਹਨ ਉਹਨਾਂ ਨੂੰ ਸੂਰਮੇ ਨਹੀਂ ਆਖੀਦਾ,
46754	1089	ਅੰਧੇ ਆਪੁ ਨ ਪਛਾਣਨੀ ਦੂਜੈ ਪਚਿ ਜਾਵਹਿ॥		Andhhae Aap N Pashhaananee Dhoojai Pach Jaavehi ||	The blind ones do not realize their own selves; in the love of duality, they rot.	ਉਹ (ਅਹੰਕਾਰੀ) ਅੰਨ੍ਹੇ ਆਪਣਾ ਅਸਲਾ ਨਹੀਂ ਪਛਾਣਦੇ ਤੇ ਮਾਇਆ ਦੇ ਮੋਹ ਵਿਚ ਖੁਆਰ ਹੁੰਦੇ ਹਨ।
46755	1089	ਅਤਿ ਕਰੋਧ ਸਿਉ ਲੂਝਦੇ ਅਗੈ ਪਿਛੈ ਦੁਖੁ ਪਾਵਹਿ॥		Ath Karodhh Sio Loojhadhae Agai Pishhai Dhukh Paavehi ||	They struggle with great anger; here and hereafter, they suffer in pain.	ਬੜੇ ਕ੍ਰੋਧ ਵਿਚ ਆ ਕੇ (ਦੂਜਿਆਂ ਨਾਲ) ਲੜਦੇ ਹਨ ਤੇ ਇਸ ਲੋਕ ਤੇ ਪਰਲੋਕ ਵਿਚ ਦੁੱਖ ਹੀ ਪਾਂਦੇ ਹਨ।
46756	1089	ਹਰਿ ਜੀਉ ਅਹੰਕਾਰੁ ਨ ਭਾਵਈ ਵੇਦ ਕੂਕਿ ਸੁਣਾਵਹਿ॥	ਅਹੰ-ਕਾਰੁ	Har Jeeo Ahankaar N Bhaavee Vaedh Kook Sunaavehi ||	The Dear Lord is not pleased by egotism; the Vedas proclaim this clearly.	ਵੇਦ ਆਦਿਕ ਧਰਮ-ਪੁਸਤਕ ਭੀ ਪੁਕਾਰ ਕੇ ਕਹਿ ਰਹੇ ਹਨ ਕਿ ਰੱਬ ਨੂੰ ਅਹੰਕਾਰ ਚੰਗਾ ਨਹੀਂ ਲੱਗਦਾ।

46757	1089	ਅਹੰਕਾਰਿ ਮੁਏ ਸੇ ਵਿਗਤੀ ਗਏ ਮਰਿ ਜਨਮਹਿ ਫਿਰਿ ਆਵਹਿ॥੯॥	ਵਿ-ਗਤੀ:ਪੋਲਾ ਬੋਲੋ। (ਵਿਗਤੀ) ਬੇਗਤ।	Ahankaar Mueae Sae Vigathee Geae Mar Janamehi Fir Aavehi ||9||	Those who die of egotism, shall not find salvation. They die, and are reborn in reincarnation. ||9||	ਜੋ ਮਨੁੱਖ ਅਹੰਕਾਰ ਵਿਚ ਹੀ ਮਰਦੇ ਰਹੇ ਉਹ ਬੇ-ਗਤੇ ਹੀ ਗਏ (ਉਹਨਾਂ ਦਾ ਜੀਵਨ ਨਾਹ ਸੁਧਰਿਆ), ਉਹ ਮੁੜ ਮੁੜ ਮਰਦੇ ਜੰਮਦੇ ਰਹਿੰਦੇ ਹਨ ॥੯॥
46758	1089	ਸਲੋਕੁ ਮਃ ੩॥		Salok Ma 3 ||	Shalok, Third Mehl:	
46759	1089	ਕਾਗਉ ਹੋਇ ਨ ਊਜਲਾ ਲੋਹੇ ਨਾਵ ਨ ਪਾਰੁ॥		Kaago Hoe N Oojalaa Lohae Naav N Paar ||	The crow does not become white, and an iron boat does not float across.	ਕਾਂ ਤੋਂ ਚਿੱਟਾ (ਹੰਸ) ਨਹੀਂ ਬਣ ਸਕਦਾ, ਲੋਹੇ ਦੀ ਬੇੜੀ (ਨਦੀ ਦਾ) ਪਾਰਲਾ ਕੰਢਾ ਨਹੀਂ ਲੱਭ ਸਕਦੀ;
46760	1089	ਪਿਰਮ ਪਦਾਰਥੁ ਮੰਨਿ ਲੈ ਧੰਨੁ ਸਵਾਰਣਹਾਰੁ॥		Piram Padhaarathh Mann Lai Dhhann Savaaranehaar ||	One who puts his faith in the treasure of his Beloved Lord is blessed; he exalts and embellishes others as well.	ਪਰ ਸ਼ਾਬਾਸੇ ਉਸ ਸਵਾਰਨ ਵਾਲੇ (ਗੁਰੂ) ਨੂੰ (ਜਿਸ ਦੀ ਮੱਤ ਲੈ ਕੇ ਕਾਂ ਵਰਗੇ ਕਾਲੇ ਮਨ ਵਾਲਾ ਭੀ) ਪਰਮਾਤਮਾ ਦਾ ਨਾਮ ਅੰਗੀਕਾਰ ਕਰਦਾ ਹੈ,
46761	1089	ਹੁਕਮੁ ਪਛਾਣੈ ਊਜਲਾ ਸਿਰਿ ਕਾਸਟ ਲੋਹਾ ਪਾਰਿ॥		Hukam Pashhaanai Oojalaa Sir Kaasatt Lohaa Paar ||	One who realizes the Hukam of God's Command - his face is radiant and bright; he floats across, like iron upon wood.	ਹੁਕਮ ਪਛਾਣਦਾ ਹੈ ਤਾਂ (ਕਾਂ ਤੋਂ) ਹੰਸ ਬਣ ਜਾਂਦਾ ਹੈ (ਜਿਵੇਂ) ਲੱਕੜ ਦੇ ਆਸਰੇ ਲੋਹਾ (ਨਦੀ ਦੇ) ਪਾਰਲੇ ਕੰਢੇ ਜਾ ਲੱਗਦਾ ਹੈ।

46762	1089	ਤ੍ਰਿਸਨਾ ਛੋਡੈ ਭੈ ਵਸੈ ਨਾਨਕ ਕਰਣੀ ਸਾਰੁ॥੧॥		Thrisanaa Shhoddai Bhai Vasai Naanak Karanee Saar ||1||	Forsake thirst and desire, and abide in the Fear of God; O Nanak, these are the most excellent actions. ||1||	(ਗੁਰੂ ਦੇ ਆਸਰੇ) ਹੇ ਨਾਨਕ! ਉਹ ਤ੍ਰਿਸ਼ਨਾ ਤਿਆਗਦਾ ਹੈ ਤੇ ਰੱਬ ਦੇ ਡਰ ਵਿਚ ਜੀਊਂਦਾ ਹੈ, (ਬੱਸ!) ਇਹੀ ਕਰਣੀ ਸਭ ਤੋਂ ਚੰਗੀ ਹੈ ॥੧॥
46763	1089	ਮਃ ੩॥		Ma 3 ||	Third Mehl:	
46764	1089	ਮਾਰੂ ਮਾਰਣ ਜੋ ਗਏ ਮਾਰਿ ਨ ਸਕਹਿ ਗਵਾਰ॥		Maaroo Maaran Jo Geae Maar N Sakehi Gavaar ||	The ignorant people who go to the desert to conquer their minds, are not able to conquer them.	ਜੋ ਮੂਰਖ ਬਾਹਰ ਜੰਗਲਾਂ ਵਿਚ ਮਨ ਨੂੰ ਮਾਰਨ ਵਾਸਤੇ ਗਏ ਉਹ ਮਾਰ ਨ ਸਕੇ;
46765	1089	ਨਾਨਕ ਜੇ ਇਹੁ ਮਾਰੀਐ ਗੁਰ ਸਬਦੀ ਵੀਚਾਰਿ॥		Naanak Jae Eihu Maareeai Gur Sabadhee Veechaar ||	O Nanak, if this mind is to be conquered, one must contemplate the Word of the Guru's Shabad.	ਹੇ ਨਾਨਕ! ਜੇ ਇਹ ਮਨ ਵੱਸ ਕੀਤਾ ਜਾ ਸਕਦਾ ਹੈ ਤਾਂ ਗੁਰੂ ਦੇ ਸ਼ਬਦ ਵਿਚ ਵਿਚਾਰ ਕੀਤਿਆਂ ਹੀ ਵੱਸ ਕੀਤਾ ਜਾ ਸਕਦਾ ਹੈ,
46766	1089	ਏਹੁ ਮਨੁ ਮਾਰਿਆ ਨਾ ਮਰੈ ਜੇ ਲੋਚੈ ਸਭੁ ਕੋਇ॥		Eaehu Man Maariaa Naa Marai Jae Lochai Sabh Koe ||	This mind is not conquered by conquering it, even though everyone longs to do so.	(ਨਹੀਂ ਤਾਂ ਉਂਞ) ਭਾਵੇਂ ਕੋਈ ਕਿਤਨੀ ਹੀ ਤਾਂਘ ਕਰੇ ਇਹ ਮਨ ਜਤਨ ਕੀਤਿਆਂ ਵੱਸ ਵਿਚ ਨਹੀਂ ਆਉਂਦਾ।

46767	1089	ਨਾਨਕ ਮਨ ਹੀ ਕਉ ਮਨੁ ਮਾਰਸੀ ਜੇ ਸਤਿਗੁਰੁ ਭੇਟੈ ਸੋਇ॥੨॥		Naanak Man Hee Ko Man Maarasee Jae Sathigur Bhaettai Soe ||2||	O Nanak, the mind itself conquers the mind, if one meets with the True Guru. ||2||	ਹੇ ਨਾਨਕ! ਜੇ ਸਮਰੱਥ ਗੁਰੂ ਮਿਲ ਪਏ ਤਾਂ ਮਨ ਹੀ ਮਨ ਨੂੰ ਮਾਰ ਲੈਂਦਾ ਹੈ (ਭਾਵ, ਗੁਰੂ ਦੀ ਸਹੈਤਾ ਨਾਲ ਅੰਦਰ ਵਲ ਪਰਤਿਆਂ ਮਨ ਵੱਸ ਵਿਚ ਆ ਜਾਂਦਾ ਹੈ) ॥੨॥
46768	1090	ਪਉੜੀ॥		Pourree ||	Pauree:	
46769	1090	ਦੋਵੈ ਤਰਫਾ ਉਪਾਈਓਨੁ ਵਿਚਿ ਸਕਤਿ ਸਿਵ ਵਾਸਾ॥		Dhovai Tharafaa Oupaaeeoun Vich Sakath Siv Vaasaa ||	He created both sides; Shiva dwells within Shakti (the soul dwells within the material universe).	ਇਸ ਸ੍ਰਿਸ਼ਟੀ ਵਿਚ ਮਾਇਆ ਤੇ ਆਤਮਾ (ਦੋਹਾਂ ਦਾ) ਵਾਸ ਹੈ (ਇਹਨਾਂ ਦੇ ਅਸਰ ਹੇਠ ਕੋਈ ਅਹੰਕਾਰ ਵਿਚ ਦੂਜਿਆਂ ਨਾਲ ਲੜਦੇ ਹਨ ਤੇ ਕੋਈ ਨਾਮ ਦੇ ਧਨੀ ਹਨ) ਇਹ ਦੋਵੇਂ ਪਾਸੇ ਪ੍ਰਭੂ ਨੇ ਆਪ ਹੀ ਬਣਾਏ ਹਨ।
46770	1090	ਸਕਤੀ ਕਿਨੈ ਨ ਪਾਇਓ ਫਿਰਿ ਜਨਮਿ ਬਿਨਾਸਾ॥		Sakathee Kinai N Paaeiou Fir Janam Binaasaa ||	Through the material universe of Shakti, no one has ever found the Lord; they continue to be born and die in reincarnation.	ਮਾਇਆ ਦੇ ਅਸਰ ਵਿਚ ਰਹਿ ਕੇ ਕਿਸੇ ਨੇ (ਰੱਬ) ਨਹੀਂ ਲੱਭਾ, ਮੁੜ ਮੁੜ ਜੰਮਦਾ ਮਰਦਾ ਹੈ।
46771	1090	ਗੁਰਿ ਸੇਵਿਐ ਸਾਤਿ ਪਾਈਐ ਜਪਿ ਸਾਸ ਗਿਰਾਸਾ॥		Gur Saeviai Saath Paaeeai Jap Saas Giraasaa ||	Serving the Guru, peace is found, meditating on the Lord with every breath and morsel of food.	ਪਰ ਗੁਰੂ ਦੇ ਹੁਕਮ ਵਿਚ ਤੁਰਿਆਂ ਖਾਂਦਿਆਂ ਪੀਂਦਿਆਂ ਨਾਮ ਜਪ ਕੇ (ਹਿਰਦੇ ਵਿਚ) ਠੰਢ ਪੈਂਦੀ ਹੈ।

46772	1090	ਸਿਮ੍ਰਿਤਿ ਸਾਸਤ ਸੋਧਿ ਦੇਖੁ ਊਤਮ ਹਰਿ ਦਾਸਾ॥	ਸਿਮ-ਰ੍ਿਤਿ	Simrith Saasath Sodhh Dhaekh Ootham Har Dhaasaa ||	Searching and looking through the Simritees and the Shaastras, I have found that the most sublime person is the slave of the Lord.	ਸਿਮ੍ਰਿਤੀਆਂ ਤੇ ਸ਼ਾਸਤ੍ਰਾਂ (ਆਦਿਕ ਸਾਰੇ ਧਰਮ-ਪੁਸਤਕਾਂ ਨੂੰ ਬੇਸ਼ਕ) ਖੋਜ ਕੇ ਵੇਖ ਲਉ, ਚੰਗੇ ਮਨੁੱਖ ਉਹ ਹਨ ਜੋ ਪ੍ਰਭੂ ਦੇ ਸੇਵਕ ਹਨ।
46773	1090	ਨਾਨਕ ਨਾਮ ਬਿਨਾ ਕੋ ਥਿਰੁ ਨਹੀ ਨਾਮੇ ਬਲਿ ਜਾਸਾ॥੧੦॥		Naanak Naam Binaa Ko Thhir Nehee Naamae Bal Jaasaa ||10||	O Nanak, without the Naam, nothing is permanent and stable; I am a sacrifice to the Naam, the Name of the Lord. ||10||	ਹੇ ਨਾਨਕ! 'ਨਾਮ' ਤੋਂ ਬਿਨਾ ਕੋਈ ਸ਼ੈ ਥਿਰ ਰਹਿਣ ਵਾਲੀ ਨਹੀਂ; ਮੈਂ ਸਦਕੇ ਹਾਂ ਪ੍ਰਭੂ ਦੇ ਨਾਮ ਤੋਂ ॥੧੦॥
46774	1090	ਸਲੋਕੁ ਮਃ ੩॥		Salok Ma 3 ||	Shalok, Third Mehl:	
46775	1090	ਹੋਵਾ ਪੰਡਿਤੁ ਜੋਤਕੀ ਵੇਦ ਪੜਾ ਮੁਖਿ ਚਾਰਿ॥	ਪੜ੍ਹਾਂ	Hovaa Panddith Jothakee Vaedh Parraa Mukh Chaar ||	I might become a Pandit, a religious scholar, or an astrologer, and recite the four Vedas with my mouth;	ਜੇ ਮੈਂ (ਧਰਮ-ਪੁਸਤਕਾਂ ਦਾ) ਵਿਦਵਾਨ ਬਣ ਜਾਵਾਂ, ਜੋਤਸ਼ੀ ਬਣ ਜਾਵਾਂ, ਚਾਰੇ ਵੇਦ ਮੂੰਹ-ਜ਼ਬਾਨੀ ਪੜ੍ਹ ਸਕਾਂ;
46776	1090	ਨਵ ਖੰਡ ਮਧੇ ਪੂਜੀਆ ਅਪਣੈ ਚਜਿ ਵੀਚਾਰਿ॥	ਚੱਜਿ	Nav Khandd Madhhae Poojeeaa Apanai Chaj Veechaar ||	I might be worshipped throughout the nine regions of the earth for my wisdom and thought;	ਜੇ ਆਪਣੇ ਆਚਰਨ ਦੇ ਕਾਰਨ ਆਪਣੀ ਚੰਗੀ ਅਕਲ ਦੇ ਕਾਰਨ ਸਾਰੀ ਹੀ ਧਰਤੀ ਵਿਚ ਮੇਰੀ ਇੱਜ਼ਤ ਹੋਵੇ;

46777	1090	ਮਤੁ ਸਚਾ ਅਖਰੁ ਭੁਲਿ ਜਾਇ ਚਉਕੈ ਭਿਟੈ ਨ ਕੋਇ॥	(ਅੱਖਰ) ਬ੍ਰਹਮ	Math Sachaa Akhar Bhul Jaae Choukai Bhittai N Koe ||	Let me not forget the Word of Truth, that no one can touch my sacred cooking square.	(ਜੇ ਮੈਂ ਬੜੀ ਸੁੱਚ ਰੱਖਾਂ ਤੇ ਖ਼ਿਆਲ ਰੱਖਾਂ ਕਿ) ਕਿਤੇ ਕੋਈ (ਨੀਵੀਂ ਜਾਤਿ ਵਾਲਾ ਮਨੁੱਖ ਮੇਰੇ) ਚੌਕੇ ਨੂੰ ਭਿੱਟ ਨ ਜਾਏ (ਤਾਂ ਇਹ ਸਭ ਕੁਝ ਵਿਅਰਥ ਹੀ ਹੈ। (ਧਿਆਨ ਇਸ ਗੱਲ ਦਾ ਰਹਿਣਾ ਚਾਹੀਦਾ ਹੈ ਕਿ) ਕਿਤੇ ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ (ਮਨ ਤੋਂ) ਭੁੱਲ ਨਾਹ ਜਾਏ।
46778	1090	ਝੂਠੇ ਚਉਕੇ ਨਾਨਕਾ ਸਚਾ ਏਕੋ ਸੋਇ॥੧॥		Jhoothae Choukae Naanakaa Sachaa Eaeko Soe ||1||	Such cooking squares are false, O Nanak; only the One Lord is True. ||1||	ਹੇ ਨਾਨਕ! ਸਾਰੇ ਚੌਕੇ ਨਾਸਵੰਤ ਹਨ, ਸਦਾ ਕਾਇਮ ਰਹਿਣ ਵਾਲਾ ਸਿਰਫ਼ ਪਰਮਾਤਮਾ ਦਾ ਨਾਮ ਹੀ ਹੈ ॥੧॥
46779	1090	ਮਃ ੩॥		Ma 3 ||	Third Mehl:	
46780	1090	ਆਪਿ ਉਪਾਏ ਕਰੇ ਆਪਿ ਆਪੇ ਨਦਰਿ ਕਰੇਇ॥		Aap Oupaaeae Karae Aap Aapae Nadhar Karaee ||	He Himself creates and He Himself acts; He bestows His Glance of Grace.	ਪ੍ਰਭੂ ਆਪ ਹੀ (ਜੀਆਂ ਨੂੰ) ਪੈਦਾ ਕਰਦਾ ਹੈ (ਸਭ ਕਾਰਜ) ਆਪ ਹੀ ਕਰਦਾ ਹੈ, ਆਪ ਹੀ (ਜੀਆਂ ਤੇ) ਮਿਹਰ ਦੀ ਨਜ਼ਰ ਕਰਦਾ ਹੈ,
46781	1090	ਆਪੇ ਦੇ ਵਡਿਆਈਆ ਕਹੁ ਨਾਨਕ ਸਚਾ ਸੋਇ॥੨॥		Aapae Dhae Vaddiaaeeaa Kahu Naanak Sachaa Soe ||2||	He Himself grants glorious greatness; says Nanak, He is the True Lord. ||2||	ਆਪ ਹੀ ਵਡਿਆਈਆਂ ਦੇਂਦਾ ਹੈ; ਆਖ, ਹੇ ਨਾਨਕ! ਉਹ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਆਪ ਹੀ (ਸਭ ਕੁਝ ਕਰਨ ਦੇ ਸਮਰੱਥ) ਹੈ ॥੨॥
46782	1090	ਪਉੜੀ॥		Pourree ||	Pauree:	

46783	1090	ਕੰਟਕੁ ਕਾਲੁ ਏਕੁ ਹੈ ਹੋਰੁ ਕੰਟਕੁ ਨ ਸੂਝੈ॥		Kanttak Kaal Eaek Hai Hor Kanttak N Soojhai ||	Only death is painful; I cannot conceive of anything else as painful.	(ਮਨੁੱਖ ਲਈ) ਮੌਤ (ਦਾ ਡਰ ਹੀ) ਇਕ (ਐਸਾ) ਕੰਡਾ ਹੈ (ਜੋ ਹਰ ਵੇਲੇ ਦਿਲ ਵਿਚ ਚੁੱਭਦਾ ਹੈ) ਕੋਈ ਹੋਰ ਕੰਡਾ (ਭਾਵ, ਸਹਿਮ) ਇਸ ਵਰਗਾ ਨਹੀਂ ਹੈ।
46784	1090	ਅਫਰਿਓ ਜਗ ਮਹਿ ਵਰਤਦਾ ਪਾਪੀ ਸਿਉ ਲੂਝੈ॥	(ਅ-ਫਰਿਓ) ਅਮੋੜ	Afariou Jag Mehi Varathadhaa Paapee Sio Loojhai ||	It is unstoppable; it stalks and pervades the world, and fights with the sinners.	(ਇਹ ਮੌਤ) ਸਾਰੇ ਜਗਤ ਵਿਚ ਵਰਤ ਰਹੀ ਹੈ ਕੋਈ ਇਸ ਨੂੰ ਰੋਕ ਨਹੀਂ ਸਕਦਾ, (ਮੌਤ ਦਾ ਸਹਿਮ) ਵਿਕਾਰੀ ਬੰਦਿਆਂ ਨੂੰ (ਖ਼ਾਸ ਤੌਰ ਤੇ) ਅੜਦਾ ਹੈ (ਭਾਵ, ਦਬਾ ਪਾਂਦਾ ਹੈ)।
46785	1090	ਗੁਰ ਸਬਦੀ ਹਰਿ ਭੇਦੀਐ ਹਰਿ ਜਪਿ ਹਰਿ ਬੂਝੈ॥		Gur Sabadhee Har Bhaedheeai Har Jap Har Boojhai ||	Through the Word of the Guru's Shabad, one is immersed in the Lord. Meditating on the Lord, one comes to realize the Lord.	ਜੋ ਮਨੁੱਖ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ-ਨਾਮ ਵਿਚ ਪ੍ਰੋਤਾ ਜਾਂਦਾ ਹੈ ਉਹ ਸਿਮਰਨ ਕਰ ਕੇ (ਅਸਲੀਅਤ ਨੂੰ) ਸਮਝ ਲੈਂਦਾ ਹੈ।
46786	1090	ਸੋ ਹਰਿ ਸਰਣਾਈ ਛੁਟੀਐ ਜੋ ਮਨ ਸਿਉ ਜੂਝੈ॥		So Har Saranaaee Shhutteeai Jo Man Sio Joojhai ||	He alone is emancipated in the Sanctuary of the Lord, who struggles with his own mind.	ਜੋ ਆਪਣੇ ਮਨ ਦੇ ਨਾਲ ਟਾਕਰਾ ਲਾਂਦਾ ਹੈ ਉਹ ਪ੍ਰਭੂ ਦੀ ਸਰਨ ਪੈ ਕੇ (ਮੌਤ ਦੇ ਸਹਿਮ ਤੋਂ) ਬਚ ਜਾਂਦਾ ਹੈ।
46787	1090	ਮਨਿ ਵੀਚਾਰਿ ਹਰਿ ਜਪੁ ਕਰੇ ਹਰਿ ਦਰਗਹ ਸੀਝੈ॥੧੧॥		Man Veechaar Har Jap Karae Har Dharageh Seejhai ||11||	One who contemplates and meditates on the Lord in his mind, succeeds in the Court of the Lord. ||11||	ਜੋ ਮਨੁੱਖ ਆਪਣੇ ਮਨ ਵਿਚ (ਪ੍ਰਭੂ ਦੇ ਗੁਣਾਂ ਦੀ) ਵਿਚਾਰ ਕਰ ਕੇ ਬੰਦਗੀ ਕਰਦਾ ਹੈ ਉਹ ਪ੍ਰਭੂ ਦੀ ਹਜ਼ੂਰੀ ਵਿਚ ਪਰਵਾਨ ਹੁੰਦਾ ਹੈ ॥੧੧॥

46788	1090	ਸਲੋਕੁ ਮਃ ੧॥		Salok Ma 1 ||	Shalok, First Mehl:	
46789	1090	ਹੁਕਮਿ ਰਜਾਈ ਸਾਖਤੀ ਦਰਗਹ ਸਚੁ ਕਬੂਲੁ॥		Hukam Rajaaee Saakhathee Dharageh Sach Kabool ||	Submit to the Will of the Lord Commander; in His Court, only Truth is accepted.	ਪਰਮਾਤਮਾ ਦੇ ਹੁਕਮ ਵਿਚ ਤੁਰਿਆਂ ਪਰਮਾਤਮਾ ਨਾਲ ਬਣ ਆਉਂਦੀ ਹੈ, ਪ੍ਰਭੂ ਦੀ ਹਜ਼ੂਰੀ ਵਿਚ ਸੱਚ (ਭਾਵ, ਸਿਮਰਨ) ਪ੍ਰਵਾਨ ਹੈ।
46790	1090	ਸਾਹਿਬੁ ਲੇਖਾ ਮੰਗਸੀ ਦੁਨੀਆ ਦੇਖਿ ਨ ਭੂਲੁ॥		Saahib Laekhaa Mangasee Dhuneeaa Dhaekh N Bhool ||	Your Lord and Master shall call you to account; do not go astray on beholding the world.	ਦੁਨੀਆ ਨੂੰ ਵੇਖ ਕੇ (ਸਿਮਰਨ ਨੂੰ ਭੁੱਲਣ ਦੀ) ਗ਼ਲਤੀ ਨਾਹ ਖਾਹ, ਮਾਲਕ (ਤੇਰੇ ਅਮਲਾਂ ਦਾ) ਲੇਖਾ ਮੰਗੇਗਾ।
46791	1090	ਦਿਲ ਦਰਵਾਨੀ ਜੋ ਕਰੇ ਦਰਵੇਸੀ ਦਿਲੁ ਰਾਸਿ॥	(ਦਰਵਾਨੀ) ਰੋਕਣਾ ਕਰੇ। (ਰਾਸਿ) ਸੱਚਿਆਈ ਵਾਲੇ	Dhil Dharavaanee Jo Karae Dharavaesee Dhil Raas ||	One who keeps watch over his heart, and keeps his heart pure, is a dervish, a saintly devotee.	ਜੋ ਮਨੁੱਖ ਦਿਲ ਦੀ ਰਾਖੀ ਕਰਦਾ ਹੈ, ਦਿਲ ਨੂੰ ਸਿੱਧੇ ਰਾਹ ਤੇ ਰੱਖਣ ਦੀ ਫ਼ਕੀਰੀ ਕਮਾਂਦਾ ਹੈ,
46792	1090	ਇਸਕ ਮੁਹਬਤਿ ਨਾਨਕਾ ਲੇਖਾ ਕਰਤੇ ਪਾਸਿ॥੧॥	ਮੁ-ਹੱਬਤਿ	Eisak Muhabath Naanakaa Laekhaa Karathae Paas ||1||	Love and affection, O Nanak, are in the accounts placed before the Creator. ||1||	ਹੇ ਨਾਨਕ! ਉਸ ਦੇ ਪਿਆਰ ਮੁਹੱਬਤ ਦਾ ਹਿਸਾਬ ਕਰਤਾਰ ਦੇ ਪਾਸ ਹੈ (ਭਾਵ, ਪ੍ਰਭੂ ਉਸ ਦੇ ਪਿਆਰ ਨੂੰ ਜਾਣਦਾ ਹੈ) ॥੧॥
46793	1090	ਮਃ ੧॥		Ma 1 ||	First Mehl:	

46794	1090	ਅਲਗਉ ਜੋਇ ਮਧੂਕੜਉ ਸਾਰੰਗਪਾਣਿ ਸਬਾਇ॥	(ਜੋਇ) ਜੋ ਸੰਸਾਰ ਤੋਂ (ਅਲਗਉ) ਅਲੱਗ ਨਿਰਲੇਪ, ਭੌਰੇ ਵਾਂਗ ਸਭ ਥਾਂ ਤੋਂ ਸੁਗੰਧੀ ਲੈਣ ਵਾਲੇ (ਮਧੂਕੜਉ) ਬਿਬੇਕੀ ਸਾਧੂ ਜੀ ਹਨ। (ਸਾਰੰਗਪਾਣਿ) ਰਾਮ ਜੀ। ਅ-ਲੱਗਉ। ਮ-ਧੂਕੜਉ। ਸਾਰੰਗ-ਪਾਣਿ	Alago Joe Madhhookarro Saarangapaan Sabaae ||	One who is unattached like the bumble bee, sees the Lord of the world everywhere.	(ਜੋ ਜੀਵ-) ਭੌਰਾ ਨਿਰਲੇਪ ਰਹਿ ਕੇ ਹਰ ਥਾਂ ਪਰਮਾਤਮਾ ਨੂੰ ਤੱਕਦਾ ਹੈ,
46795	1090	ਹੀਰੈ ਹੀਰਾ ਬੇਧਿਆ ਨਾਨਕ ਕੰਠਿ ਸੁਭਾਇ॥੨॥		Heerai Heeraa Baedhhiaa Naanak Kanth Subhaae ||2||	The diamond of his mind is pierced through with the Diamond of the Lord's Name; O Nanak, his neck is embellished with it. ||2||	ਜਿਸ ਦੀ ਆਤਮਾ ਪਰਮਾਤਮਾ ਵਿਚ ਪ੍ਰੋਤੀ ਹੋਈ ਹੈ, ਹੇ ਨਾਨਕ! ਉਹ ਪ੍ਰਭੂ-ਪ੍ਰੇਮ ਦੀ ਰਾਹੀਂ ਪ੍ਰਭੂ ਦੇ ਗਲ ਨਾਲ (ਲੱਗਾ ਹੋਇਆ) ਹੈ ॥੨॥
46796	1090	ਪਉੜੀ॥		Pourree ||	Pauree:	
46797	1090	ਮਨਮੁਖ ਕਾਲੁ ਵਿਆਪਦਾ ਮੋਹਿ ਮਾਇਆ ਲਾਗੇ॥		Manamukh Kaal Viaapadhaa Mohi Maaeiaa Laagae ||	The self-willed manmukhs are afflicted by death; they cling to Maya in emotional attachment.	ਮਨ ਦੇ ਗ਼ੁਲਾਮ ਮਨੁੱਖ ਮਾਇਆ ਦੇ ਮੋਹ ਵਿਚ ਮਸਤ ਰਹਿੰਦੇ ਹਨ, ਉਹਨਾਂ ਨੂੰ ਮੌਤ (ਦਾ ਸਹਿਮ) ਦਬਾਈ ਰੱਖਦਾ ਹੈ।

46798	1090	ਖਿਨ ਮਹਿ ਮਾਰਿ ਪਛਾੜਸੀ ਭਾਇ ਦੂਜੈ ਠਾਗੇ॥		Khin Mehi Maar Pashhaarrasee Bhaae Dhoojai Thaagae ||	In an instant, they are thrown to the ground and killed; in the love of duality, they are deluded.	ਜੋ ਮਨੁੱਖ ਮਾਇਆ ਦੇ ਮੋਹ ਵਿਚ ਲੁੱਟੇ ਜਾ ਰਹੇ ਹਨ ਉਹਨਾਂ ਨੂੰ (ਇਹ ਸਹਿਮ) ਪਲ ਵਿਚ ਮਾਰ ਕੇ ਨਾਸ ਕਰਦਾ ਹੈ।
46799	1090	ਫਿਰਿ ਵੇਲਾ ਹਥਿ ਨ ਆਵਈ ਜਮ ਕਾ ਡੰਡੁ ਲਾਗੇ॥		Fir Vaelaa Hathh N Aavee Jam Kaa Ddandd Laagae ||	This opportunity shall not come into their hands again; they are beaten by the Messenger of Death with his stick.	ਜਿਸ ਵੇਲੇ ਮੌਤ ਦਾ ਡੰਡਾ ਆ ਹੀ ਵੱਜਦਾ ਹੈ (ਮੌਤ ਸਿਰ ਤੇ ਆ ਜਾਂਦੀ ਹੈ) ਤਦੋਂ (ਇਸ ਮੋਹ ਵਿਚੋਂ ਨਿਕਲਣ ਲਈ) ਸਮਾ ਨਹੀਂ ਮਿਲਦਾ।
46800	1090	ਤਿਨ ਜਮ ਡੰਡੁ ਨ ਲਗਈ ਜੋ ਹਰਿ ਲਿਵ ਜਾਗੇ॥		Thin Jam Ddandd N Lagee Jo Har Liv Jaagae ||	But Death's stick does not even strike those who remain awake and aware in the Love of the Lord.	ਜੋ ਮਨੁੱਖ ਪਰਮਾਤਮਾ ਦੀ ਯਾਦ ਵਿਚ ਸੁਚੇਤ ਰਹਿੰਦੇ ਹਨ ਉਹਨਾਂ ਨੂੰ ਜਮ ਦਾ ਡੰਡਾ ਨਹੀਂ ਲੱਗਦਾ (ਸਹਿਮ ਨਹੀਂ ਮਾਰਦਾ)।
46801	1090	ਸਭ ਤੇਰੀ ਤੁਧੁ ਛਡਾਵਣੀ ਸਭ ਤੁਧੈ ਲਾਗੇ॥੧੨॥		Sabh Thaeree Thudhh Shhaddaavanee Sabh Thudhhai Laagae ||12||	All are Yours, and cling to You; only You can save them. ||12||	ਹੇ ਪ੍ਰਭੂ! ਸਾਰੀ ਸ੍ਰਿਸ਼ਟੀ ਤੇਰੀ ਹੀ ਹੈ, ਤੂੰ ਹੀ ਇਸ ਨੂੰ ਮਾਇਆ ਦੇ ਮੋਹ ਤੋਂ ਛਡਾਣਾ ਹੈ, ਸਾਰਿਆਂ ਦਾ ਤੂੰ ਹੀ ਆਸਰਾ ਹੈਂ ॥੧੨॥
46802	1090	ਸਲੋਕੁ ਮਃ ੧॥		Salok Ma 1 ||	Shalok, First Mehl:	

46803	1090	ਸਰਬੇ ਜੋਇ ਅਗਛਮੀ ਦੂਖੁ ਘਨੇਰੋ ਆਥਿ॥	(ਸਰਬੇ) ਸਾਰਿਆਂ ਚ (ਅਗਛਮੀ) ਇਸਥਿੱਤ, ਅਵਿਨਾਸ਼ੀ ਨੂੰ (ਜੋਇ) ਦੇਖ। (ਆਥਿ) ਮਾਇਆ ਸੁਆਦਾਂ ਵਿਸ਼ਿਆਂ ਚ। ਅ-ਗਛਮੀ	Sarabae Joe Agashhamee Dhookh Ghanaero Aathh ||	See the imperishable Lord everywhere; attachment to wealth brings only great pain.	(ਜੋ ਮਨੁੱਖ) ਸਾਰੀ ਸ੍ਰਿਸ਼ਟੀ ਨੂੰ ਨਾਹ ਨਾਸ ਹੋਣ ਵਾਲੀ ਵੇਖਦਾ ਹੈ ਉਸ ਨੂੰ ਬੜਾ ਦੁੱਖ ਵਿਆਪਦਾ ਹੈ,
46804	1090	ਕਾਲਰੁ ਲਾਦਸਿ ਸਰੁ ਲਾਘਣਉ ਲਾਭੁ ਨ ਪੂਜੀ ਸਾਥਿ॥੧॥	ਘੋਰ ਪਾਪਾਂ ਔਗੁਣਾਂ ਵਿਸ਼ਿਆਂ ਰੂਪੀ ਕਾਲਰੁ। (ਸਰੁ) ਸੰਸਾਰ ਜਮਪੁਰ ਰੂਪੀ ਸਮੁੰਦ੍ਰ। ਪੂੰਜੀ	Kaalar Laadhas Sar Laaghano Laabh N Poonjee Saathh ||1||	Loaded with dust, you have to cross over the world-ocean; you are not carrying the profit and capital of the Name with you. ||1||	ਉਹ (ਮਾਨੋ) ਕੱਲਰ ਲੱਦ ਰਿਹਾ ਹੈ (ਪਰ ਉਸ ਨੇ) ਸਮੁੰਦਰ ਲੰਘਣਾ ਹੈ, ਉਸ ਦੇ ਪੱਲੇ ਨਾਹ ਮੂਲ ਹੈ ਤੇ ਨਾਹ ਖੱਟੀ ॥੧॥
46805	1090	ਮਃ ੧॥		Ma 1 ||	First Mehl:	
46806	1090	ਪੂੰਜੀ ਸਾਚਉ ਨਾਮੁ ਤੂ ਅਖੁਟਉ ਦਰਬੁ ਅਪਾਰੁ॥	ਅ-ਖੁੱਟਉ	Poonjee Saacho Naam Thoo Akhutto Dharab Apaar ||	My capital is Your True Name, O Lord; this wealth is inexhaustible and infinite.	(ਜਿਸ ਮਨੁੱਖ ਦੇ ਪਾਸ) ਪ੍ਰਭੂ ਦਾ ਨਾਮ ਪੂੰਜੀ ਹੈ, ਜਿਸ ਪਾਸ (ਹੇ ਪ੍ਰਭੂ!) ਤੂੰ ਨਾਹ ਮੁੱਕਣ ਵਾਲਾ ਤੇ ਬੇਅੰਤ ਧਨ ਹੈਂ,
46807	1090	ਨਾਨਕ ਵਖਰੁ ਨਿਰਮਲਉ ਧੰਨੁ ਸਾਹੁ ਵਾਪਾਰੁ॥੨॥		Naanak Vakhar Niramalo Dhhann Saahu Vaapaar ||2||	O Nanak, this merchandise is immaculate; blessed is the banker who trades in it. ||2||	ਜਿਸ ਪਾਸ ਇਹ ਪਵਿਤ੍ਰ ਸੌਦਾ ਹੈ, ਹੇ ਨਾਨਕ! ਉਹ ਸ਼ਾਹ ਧੰਨ ਹੈ ਤੇ ਉਸ ਦਾ ਵਣਜ ਧੰਨ ਹੈ ॥੨॥
46808	1090	ਮਃ ੧॥		Ma 1 ||	First Mehl:	

46809	1090	ਪੂਰਬ ਪ੍ਰੀਤਿ ਪਿਰਾਣਿ ਲੈ ਮੋਟਉ ਠਾਕੁਰੁ ਮਾਣਿ॥	(ਪੂਰਬ) ਪਹਿਲਾਂ ਪ੍ਰੀਤਿ (ਪਿਰਾਣਿ) ਪ੍ਰਾਪਤ ਕਰ ਲੈ। (ਮੋਟਉ) ਭਾਰੀ	Poorab Preeth Piraan Lai Motto Thaakur Maan ||	Know and enjoy the primal, eternal Love of the Great Lord and Master.	(ਹੇ ਜੀਵ!) ਪ੍ਰਭੂ ਨਾਲ ਮੁੱਢਲੀ ਪ੍ਰੀਤ ਪਛਾਣ, ਉਸ ਵੱਡੇ ਮਾਲਕ ਨੂੰ ਯਾਦ ਕਰ।
46810	1090	ਮਾਥੈ ਊਭੈ ਜਮੁ ਮਾਰਸੀ ਨਾਨਕ ਮੇਲਣੁ ਨਾਮਿ॥੩॥		Maathhai Oobhai Jam Maarasee Naanak Maelan Naam ||3||	Blessed with the Naam, O Nanak, you shall strike down the Messenger of Death, and push his face to the ground. ||3||	ਹੇ ਨਾਨਕ! ਪ੍ਰਭੂ ਦੇ ਨਾਮ ਵਿਚ ਜੁੜਨਾ ਜਮ ਨੂੰ (ਭਾਵ, ਮੌਤ ਦੇ ਸਹਿਮ ਨੂੰ) ਮੂੰਹ-ਭਾਰ ਮਾਰਦਾ ਹੈ ॥੩॥
46811	1090	ਪਉੜੀ॥		Pourree ||	Pauree:	
46812	1090	ਆਪੇ ਪਿੰਡੁ ਸਵਾਰਿਓਨੁ ਵਿਚਿ ਨਵ ਨਿਧਿ ਨਾਮੁ॥		Aapae Pindd Savaarioun Vich Nav Nidhh Naam ||	He Himself has embellished the body, and placed the nine treasures of the Naam within it.	ਪਰਮਾਤਮਾ ਨੇ ਆਪ ਹੀ ਇਹ ਮਨੁੱਖਾ ਸਰੀਰ ਸੰਵਾਰਿਆ ਹੈ ਤੇ ਆਪ ਹੀ ਇਸ ਵਿਚ ਆਪਣਾ ਨਾਮ (ਮਾਨੋ) ਨੌ ਖ਼ਜ਼ਾਨੇ ਪਾ ਦਿੱਤੇ ਹਨ।
46813	1090	ਇਕਿ ਆਪੇ ਭਰਮਿ ਭੁਲਾਇਅਨੁ ਤਿਨ ਨਿਹਫਲ ਕਾਮੁ॥		Eik Aapae Bharam Bhulaaeian Thin Nihafal Kaam ||	He confuses some in doubt; fruitless are their actions.	ਪਰ ਕਈ ਜੀਵ ਉਸ ਨੇ ਆਪ ਹੀ ਭਟਕਣਾ ਵਿਚ ਪਾ ਕੇ ਕੁਰਾਹੇ ਪਾਏ ਹੋਏ ਹਨ, ਉਹਨਾਂ ਦਾ (ਸਾਰਾ) ਉੱਦਮ ਅਸਫਲ ਜਾਂਦਾ ਹੈ।
46814	1090	ਇਕਨੀ ਗੁਰਮੁਖਿ ਬੁਝਿਆ ਹਰਿ ਆਤਮ ਰਾਮੁ॥	ਬੁੱਝਿਆ	Eikanee Guramukh Bujhiaa Har Aatham Raam ||	Some, as Gurmukh, realize their Lord, the Supreme Soul.	ਕਈ ਜੀਵਾਂ ਨੇ ਗੁਰੂ ਦੇ ਸਨਮੁਖ ਹੋ ਕੇ (ਸਭ ਥਾਂ) ਪਰਮਾਤਮਾ ਦੀ ਜੋਤਿ (ਵਿਆਪਕ) ਸਮਝੀ ਹੈ,

46815	1090	ਇਕਨੀ ਸੁਣਿ ਕੈ ਮੰਨਿਆ ਹਰਿ ਊਤਮ ਕਾਮੁ॥		Eikanee Sun Kai Manniaa Har Ootham Kaam ||	Some listen to the Lord, and obey Him; sublime and exalted are their actions.	ਕਈ ਜੀਵਾਂ ਨੇ 'ਨਾਮ' ਸੁਣ ਕੇ ਮੰਨ ਲਿਆ ਹੈ (ਭਾਵ, 'ਨਾਮ' ਵਿਚ ਮਨ ਗਿਝਾ ਲਿਆ ਹੈ) ਉਹਨਾਂ ਦਾ ਇਹ ਉੱਦਮ ਚੰਗਾ ਹੈ।
46816	1090	ਅੰਤਰਿ ਹਰਿ ਰੰਗੁ ਉਪਜਿਆ ਗਾਇਆ ਹਰਿ ਗੁਣ ਨਾਮੁ॥੧੩॥		Anthar Har Rang Oupajiaa Gaaeiaa Har Gun Naam ||13||	Love for the Lord wells up deep within, singing the Glorious Praises of the Lord's Name. ||13||	ਜੋ ਮਨੁੱਖ ਪ੍ਰਭੂ ਦੇ ਗੁਣ ਗਾਂਦੇ ਹਨ, 'ਨਾਮ' ਸਿਮਰਦੇ ਹਨ ਉਹਨਾਂ ਦੇ ਮਨ ਵਿਚ ਪ੍ਰਭੂ ਦਾ ਪਿਆਰ ਪੈਦਾ ਹੁੰਦਾ ਹੈ ॥੧੩॥
46817	1090	ਸਲੋਕੁ ਮਃ ੧॥		Salok Ma 1 ||	Shalok, First Mehl:	
46818	1091	ਭੋਲਤਣਿ ਭੈ ਮਨਿ ਵਸੈ ਹੇਕੈ ਪਾਧਰ ਹੀਡੁ॥	ਭੋ-ਲੱਤਣਿ	Bholathan Bhai Man Vasai Haekai Paadhhar Heedd ||	The Fear of God abides in the mind of the innocent; this is the straight path to the One Lord.	ਉਹੀ ਇਕ ਹਿਰਦਾ ਸਰਲ ਹੈ ਜਿਸ ਹਿਰਦੇ ਵਿਚ ਭੋਲਾ-ਪਨ ਤੇ (ਰੱਬੀ) ਡਰ ਦੇ ਕਾਰਨ (ਰੱਬ ਆਪ) ਵੱਸਦਾ ਹੈ।
46819	1091	ਅਤਿ ਡਾਹਪਣਿ ਦੁਖੁ ਘਣੋ ਤੀਨੇ ਥਾਵ ਭਰੀਡੁ॥੧॥	ਈਰਖਾ ਦੇ (ਡਾ-ਹੱਪਣਿ) ਸਾੜੇ ਭਟਕਣ। (ਭਰੀਡ) ਅਪਵਿੱਤ੍ਰ।	Ath Ddaahapan Dhukh Ghano Theenae Thhaav Bhareedd ||1||	Jealousy and envy bring terrible pain, and one is cursed throughout the three worlds. ||1||	ਪਰ ਸਾੜੇ ਈਰਖਾ ਦੇ ਕਾਰਨ ਬਹੁਤ ਹੀ ਦੁੱਖ ਵਿਆਪਦਾ ਹੈ, ਮਨ ਬਾਣੀ ਤੇ ਸਰੀਰ ਤਿੰਨੇ ਹੀ ਭਰਿਸ਼ਟੇ ਰਹਿੰਦੇ ਹਨ ॥੧॥
46820	1091	ਮਃ ੧॥		Ma 1 ||	First Mehl:	

46821	1091	ਮਾਂਦਲੁ ਬੇਦਿ ਸਿ ਬਾਜਣੋ ਘਣੋ ਧੜੀਐ ਜੋਇ॥	(ਮਾਂਦਲੁ) ਢੋਲ। (ਸਿ) ਤਿੰਨਾਂ ਲੋਕਾਂ ਚ । ਬਹੁਤੇ ਪੱਖ ਤੇ ਕਰਮ ਕਾਂਡ ਆਦਿਕ।(ਧੜੀਐ) ਧੜ ਧੜ ਕਰਕੇ ਵੱਜਣਾ	Maandhal Baedh S Baajano Ghano Dhharreeai Joe ||	The drum of the Vedas vibrates, bringing dispute and divisiveness.	ਘਣਾ ਧੜਾ (ਭਾਵ, ਬਹੁਤੀ ਲੁਕਾਈ) ਤੱਕਦਾ ਹੈ ਉਸ ਢੋਲ ਨੂੰ (ਜੋ ਢੋਲ) ਵੇਦ ਨੇ ਵਜਾਇਆ {ਭਾਵ, ਕਰਮ ਕਾਂਡ ਦਾ ਰਸਤਾ}।
46822	1091	ਨਾਨਕ ਨਾਮੁ ਸਮਾਲਿ ਤੂ ਬੀਜਉ ਅਵਰੁ ਨ ਕੋਇ॥੨॥		Naanak Naam Samaal Thoo Beejo Avar N Koe ||2||	O Nanak, contemplate the Naam, the Name of the Lord; there is none except Him. ||2||	ਹੇ ਨਾਨਕ! ਤੂੰ 'ਨਾਮ' ਸਿਮਰ, (ਇਸ ਤੋਂ ਛੁਟ) ਹੋਰ ਦੂਜਾ ਕੋਈ (ਸਹੀ ਰਸਤਾ) ਨਹੀਂ ਹੈ ॥੨॥
46823	1091	ਮਃ ੧॥		Ma 1 ||	First Mehl:	
46824	1091	ਸਾਗਰੁ ਗੁਣੀ ਅਥਾਹੁ ਕਿਨਿ ਹਾਥਾਲਾ ਦੇਖੀਐ॥	(ਹਾਥਾਲਾ) ਹਾਥ ਥਾਹ ਅੰਤ। (ਦੂਜਾ ਪਾਠ: ਕਿਨਿਹਾ ਥਾਲਾ)	Saagar Gunee Athhaahu Kin Haathhaalaa Dhaekheeai ||	The world-ocean of the three qualities is unfathomably deep; how can its bottom be seen?	(ਇਹ) ਤ੍ਰੈ-ਗੁਣੀ (ਸੰਸਾਰ) (ਮਾਨੋ) ਇਕ ਅੱਤ ਡੂੰਘਾ ਸਮੁੰਦਰ ਹੈ, ਇਸ ਦੀ ਹਾਥ ਕਿਸ ਨੇ ਲੱਭੀ ਹੈ?
46825	1091	ਵਡਾ ਵੇਪਰਵਾਹੁ ਸਤਿਗੁਰੁ ਮਿਲੈ ਤ ਪਾਰਿ ਪਵਾ॥		Vaddaa Vaeparavaahu Sathigur Milai Th Paar Pavaa ||	If I meet with the great, self-sufficient True Guru, then I am carried across.	ਜੇ ਸਤਿਗੁਰੂ (ਜੋ ਇਸ ਤ੍ਰਿਗੁਣੀ ਸੰਸਾਰ ਵਲੋਂ) ਬੜਾ ਬੇ-ਪਰਵਾਹ (ਹੈ) ਮਿਲ ਪਏ ਤਾਂ ਮੈਂ ਭੀ ਇਸ ਤੋਂ ਪਾਰ ਲੰਘ ਜਾਵਾਂ।
46826	1091	ਮਝ ਭਰਿ ਦੁਖ ਬਦੁਖ॥	(ਮਝ) ਰਿਦੇ ਚ।ਬ-ਦੁੱਖ	Majh Bhar Dhukh Badhukh ||	This ocean is filled up with pain and suffering.	ਇਸ ਸੰਸਾਰ-ਸਮੁੰਦਰ ਦਾ ਵਿਚਲਾ ਹਿੱਸਾ ਦੁੱਖਾਂ ਨਾਲ ਹੀ ਭਰਿਆ ਹੋਇਆ ਹੈ।

46827	1091	ਨਾਨਕ ਸਚੇ ਨਾਮ ਬਿਨੁ ਕਿਸੈ ਨ ਲਥੀ ਭੁਖ॥੩॥		Naanak Sachae Naam Bin Kisai N Lathhee Bhukh ||3||	O Nanak, without the True Name, no one's hunger is appeased. ||3||	ਹੇ ਨਾਨਕ! ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ ਕਿਸੇ ਦੀ ਭੀ (ਤ੍ਰਿਗੁਣੀ ਮਾਇਆ ਬਾਰੇ) ਭੁੱਖ ਨਹੀਂ ਉਤਰਦੀ ॥੩॥
46828	1091	ਪਉੜੀ॥		Pourree ||	Pauree:	
46829	1091	ਜਿਨੀ ਅੰਦਰੁ ਭਾਲਿਆ ਗੁਰ ਸਬਦਿ ਸੁਹਾਵੈ॥		Jinee Andhar Bhaaliaa Gur Sabadh Suhaavai ||	Those who search their inner beings through the Word of the Guru's Shabad are exalted and adorned.	ਸਤਿਗੁਰੂ ਦੇ ਸੋਹਣੇ ਸ਼ਬਦ ਦੀ ਰਾਹੀਂ ਜਿਨ੍ਹਾਂ ਨੇ ਆਪਣਾ ਮਨ ਖੋਜਿਆ ਹੈ,
46830	1091	ਜੋ ਇਛਨਿ ਸੋ ਪਾਇਦੇ ਹਰਿ ਨਾਮੁ ਧਿਆਵੈ॥		Jo Eishhan So Paaeidhae Har Naam Dhhiaavai ||	They obtain what they wish for, meditating on the Lord's Name.	ਉਹ ਹਰਿ-ਨਾਮ ਸਿਮਰਦੇ ਹਨ ਤੇ ਮਨ-ਇੱਛਤ ਫਲ ਪਾਂਦੇ ਹਨ।
46831	1091	ਜਿਸ ਨੋ ਕ੍ਰਿਪਾ ਕਰੇ ਤਿਸੁ ਗੁਰੁ ਮਿਲੈ ਸੋ ਹਰਿ ਗੁਣ ਗਾਵੈ॥		Jis No Kirapaa Karae This Gur Milai So Har Gun Gaavai ||	One who is blessed by God's Grace, meets with the Guru; he sings the Glorious Praises of the Lord.	ਜਿਸ ਮਨੁੱਖ ਉਤੇ ਪ੍ਰਭੂ ਮਿਹਰ ਕਰੇ ਉਸ ਨੂੰ ਗੁਰੂ ਮਿਲਦਾ ਹੈ ਤੇ ਉਹ ਪ੍ਰਭੂ ਦੇ ਗੁਣ ਗਾਂਦਾ ਹੈ।
46832	1091	ਧਰਮਰਾਇ ਤਿਨ ਕਾ ਮਿਤੁ ਹੈ ਜਮ ਮਗਿ ਨ ਪਾਵੈ॥		Dhharam Raae Thin Kaa Mith Hai Jam Mag N Paavai ||	The Righteous Judge of Dharma is his friend; he does not have to walk on the Path of Death.	ਧਰਮਰਾਜ ਉਹਨਾਂ ਦਾ ਮਿੱਤਰ ਬਣ ਜਾਂਦਾ ਹੈ ਉਹਨਾਂ ਨੂੰ ਉਹ ਜਮ ਦੇ ਰਾਹ ਤੇ ਨਹੀਂ ਪਾਂਦਾ।

46833	1091	ਹਰਿ ਨਾਮੁ ਧਿਆਵਹਿ ਦਿਨਸੁ ਰਾਤਿ ਹਰਿ ਨਾਮਿ ਸਮਾਵੈ॥੧੪॥		Har Naam Dhhiaavehi Dhinas Raath Har Naam Samaavai ||14||	He meditates on the Lord's Name, day and night; he is absorbed and immersed in the Lord's Name. ||14||	ਉਹ ਦਿਨ ਰਾਤ ਹਰਿ-ਨਾਮ ਸਿਮਰਦੇ ਹਨ ਤੇ ਹਰਿ-ਨਾਮ ਵਿਚ ਜੁੜੇ ਰਹਿੰਦੇ ਹਨ ॥੧੪॥
46834	1091	ਸਲੋਕੁ ਮਃ ੧॥		Salok Ma 1 ||	Shalok, First Mehl:	
46835	1091	ਸੁਣੀਐ ਏਕੁ ਵਖਾਣੀਐ ਸੁਰਗਿ ਮਿਰਤਿ ਪਇਆਲਿ॥		Suneeai Eaek Vakhaaneeai Surag Mirath Paeiaal ||	Listen to and speak the Name of the One Lord, who permeates the heavens, this world and the nether regions of the underworld.	ਇਹੀ ਗੱਲ ਸੁਣੀਦੀ ਹੈ ਤੇ ਬਿਆਨ ਕੀਤੀ ਜਾ ਰਹੀ ਹੈ ਕਿ ਸੁਰਗ ਵਿਚ ਧਰਤੀ ਤੇ ਪਾਤਾਲ ਵਿਚ (ਤਿੰਨਾਂ ਹੀ ਲੋਕਾਂ ਵਿਚ) ਪ੍ਰਭੂ ਇਕ ਆਪ ਹੀ ਆਪ ਹੈ,
46836	1091	ਹੁਕਮੁ ਨ ਜਾਈ ਮੇਟਿਆ ਜੋ ਲਿਖਿਆ ਸੋ ਨਾਲਿ॥		Hukam N Jaaee Maettiaa Jo Likhiaa So Naal ||	The Hukam of His Command cannot be erased; whatever He has written, shall go with the mortal.	ਉਸ ਦਾ ਹੁਕਮ ਉਲੰਘਿਆ ਨਹੀਂ ਜਾ ਸਕਦਾ, (ਜੀਆਂ ਦਾ) ਜੋ ਜੋ ਲੇਖ ਉਸ ਨੇ ਲਿਖਿਆ ਹੈ ਉਹੀ (ਹਰੇਕ ਜੀਵ ਨੂੰ) ਤੋਰ ਰਿਹਾ ਹੈ।
46837	1091	ਕਉਣੁ ਮੂਆ ਕਉਣੁ ਮਾਰਸੀ ਕਉਣੁ ਆਵੈ ਕਉਣੁ ਜਾਇ॥		Koun Mooaa Koun Maarasee Koun Aavai Koun Jaae ||	Who has died, and who kills? Who comes and who goes?	(ਸੋ,) ਨਾਹ ਕੋਈ ਮਰਦਾ ਹੈ ਨਾਹ ਕੋਈ ਮਾਰਦਾ ਹੈ, ਨਾਹ ਕੋਈ ਜੰਮਦਾ ਹੈ ਨਾਹ ਕੋਈ ਮਰਦਾ ਹੈ।

46838	1091	ਕਉਣੁ ਰਹਸੀ ਨਾਨਕਾ ਕਿਸ ਕੀ ਸੁਰਤਿ ਸਮਾਇ॥੧॥		Koun Rehasee Naanakaa Kis Kee Surath Samaae ||1||	Who is enraptured, O Nanak, and whose consciousness merges in the Lord? ||1||	ਹੇ ਨਾਨਕ! ਉਹ ਆਪ ਹੀ ਆਨੰਦ ਲੈਣ ਵਾਲਾ ਹੈ, ਉਸ ਦੀ ਆਪਣੀ ਹੀ ਸੁਰਤ (ਆਪਣੇ ਆਪ ਵਿਚ) ਟਿਕੀ ਹੋਈ ਹੈ ॥੧॥
46839	1091	ਮਃ ੧॥		Ma 1 ||	First Mehl:	
46840	1091	ਹਉ ਮੁਆ ਮੈ ਮਾਰਿਆ ਪਉਣੁ ਵਹੈ ਦਰੀਆਉ॥	ਦਰੀ-ਆਉ	Ho Muaa Mai Maariaa Poun Vehai Dhareeaao ||	In egotism, he dies; possessiveness kills him, and the breath flows out like a river.	ਜਿਤਨਾ ਚਿਰ ਜੀਵ 'ਹਉਮੈ' ਦਾ ਮਾਰਿਆ ਹੋਇਆ ਹੈ ਉਸ ਦੇ ਅੰਦਰ ਤ੍ਰਿਸ਼ਨਾ ਦਾ ਦਰਿਆ ਵਹਿੰਦਾ ਰਹਿੰਦਾ ਹੈ।
46841	1091	ਤ੍ਰਿਸਨਾ ਥਕੀ ਨਾਨਕਾ ਜਾ ਮਨੁ ਰਤਾ ਨਾਇ॥		Thrisanaa Thhakee Naanakaa Jaa Man Rathaa Naae ||	Desire is exhausted, O Nanak, only when the mind is imbued with the Name.	ਪਰ, ਹੇ ਨਾਨਕ! ਜਦੋਂ ਮਨ 'ਨਾਮ' ਵਿਚ ਰੰਗਿਆ ਜਾਂਦਾ ਹੈ ਤਾਂ ਤ੍ਰਿਸ਼ਨਾ ਮੁੱਕ ਜਾਂਦੀ ਹੈ।
46842	1091	ਲੋਇਣ ਰਤੇ ਲੋਇਣੀ ਕੰਨੀ ਸੁਰਤਿ ਸਮਾਇ॥		Loein Rathae Loeinee Kannee Surath Samaae ||	His eyes are imbued with the eyes of the Lord, and his ears ring with celestial consciousness.	ਅੱਖਾਂ ਆਪਣੇ ਆਪ ਵਿਚ ਰੱਤੀਆਂ ਜਾਂਦੀਆਂ ਹਨ, (ਨਿੰਦਾ ਆਦਿਕ) ਸੁਣਨ ਦੀ ਤਾਂਘ ਕੰਨਾਂ ਵਿਚ ਹੀ ਲੀਨ ਹੋ ਜਾਂਦੀ ਹੈ।
46843	1091	ਜੀਭ ਰਸਾਇਣਿ ਚੂਨੜੀ ਰਤੀ ਲਾਲ ਲਵਾਇ॥		Jeebh Rasaaein Choonarree Rathee Laal Lavaae ||	His tongue drinks in the sweet nectar, dyed crimson by chanting the Name of the Beloved Lord.	ਜੀਭ 'ਨਾਮ' ਸਿਮਰ ਕੇ ਨਾਮ-ਰਸੈਣ ਵਿਚ ਰੰਗੀਜ ਕੇ ਸੋਹਣਾ ਲਾਲ ਬਣ ਜਾਂਦੀ ਹੈ।

46844	1091	ਅੰਦਰੁ ਮੁਸਕਿ ਝਕੋਲਿਆ ਕੀਮਤਿ ਕਹੀ ਨ ਜਾਇ॥੨॥	ਝਕੋਲਿਆ: ਕੋ ਬੋਲੋ ਘ ਨ ਬੋਲੋ	Andhar Musak Jhakoliaa Keemath Kehee N Jaae ||2||	His inner being is drenched with the Lord's fragrance; his worth cannot be described. ||2||	ਮਨ ('ਨਾਮ' ਵਿਚ) ਮਹਕ ਕੇ ਲਪਟਾਂ ਦੇਂਦਾ ਹੈ। (ਐਸੇ ਜੀਵਨ ਵਾਲੇ ਦਾ) ਮੁੱਲ ਨਹੀਂ ਪੈ ਸਕਦਾ ॥੨॥
46845	1091	ਪਉੜੀ॥		Pourree ||	Pauree:	
46846	1091	ਇਸੁ ਜੁਗ ਮਹਿ ਨਾਮੁ ਨਿਧਾਨੁ ਹੈ ਨਾਮੋ ਨਾਲਿ ਚਲੈ॥		Eis Jug Mehi Naam Nidhhaan Hai Naamo Naal Chalai ||	In this age, the Naam, the Name of the Lord, is the treasure. Only the Naam goes along in the end.	ਮਨੁੱਖਾ ਜਨਮ ਵਿਚ (ਜੀਵ ਲਈ ਪਰਮਾਤਮਾ ਦਾ) ਨਾਮ ਹੀ (ਅਸਲ) ਖ਼ਜ਼ਾਨਾ ਹੈ, 'ਨਾਮ' ਹੀ (ਇਥੋਂ ਮਨੁੱਖ ਦੇ) ਨਾਲ ਜਾਂਦਾ ਹੈ,
46847	1091	ਏਹੁ ਅਖੁਟੁ ਕਦੇ ਨ ਨਿਖੁਟਈ ਖਾਇ ਖਰਚਿਉ ਪਲੈ॥		Eaehu Akhutt Kadhae N Nikhuttee Khaae Kharachio Palai ||	It is inexhaustible; it is never empty, no matter how much one may eat, consume or spend.	ਇਹ ਨਾਮ-ਖ਼ਜ਼ਾਨਾ ਅਮੁੱਕ ਹੈ ਕਦੇ ਮੁੱਕਦਾ ਨਹੀਂ, ਬੇਸ਼ਕ ਖਾਓ ਖਰਚੋ ਤੇ ਪੱਲੇ ਬੰਨ੍ਹੋ।
46848	1091	ਹਰਿ ਜਨ ਨੇੜਿ ਨ ਆਵਈ ਜਮਕੰਕਰ ਜਮਕਲੈ॥	(ਜਮਕਲੈ) ਜੰਮਣ ਮਰਨ	Har Jan Naerr N Aavee Jamakankar Jamakalai ||	The Messenger of Death does not even approach the humble servant of the Lord.	(ਫਿਰ, ਇਸ ਖ਼ਜ਼ਾਨੇ ਵਾਲੇ) ਭਗਤ ਜਨ ਦੇ ਨੇੜੇ ਜਮਕਾਲ ਜਮਦੂਤ ਭੀ ਨਹੀਂ ਆਉਂਦੇ।
46849	1091	ਸੇ ਸਾਹ ਸਚੇ ਵਣਜਾਰਿਆ ਜਿਨ ਹਰਿ ਧਨੁ ਪਲੈ॥		Sae Saah Sachae Vanajaariaa Jin Har Dhhan Palai ||	They alone are the true bankers and traders, who have the wealth of the Lord in their laps.	ਜਿਨ੍ਹਾਂ ਨੇ ਨਾਮ-ਧਨ ਇਕੱਠਾ ਕੀਤਾ ਹੈ ਉਹੀ ਸੱਚੇ ਸ਼ਾਹ ਹਨ ਉਹੀ ਸੱਚੇ ਵਪਾਰੀ ਹਨ।

46850	1091	ਹਰਿ ਕਿਰਪਾ ਤੇ ਹਰਿ ਪਾਈਐ ਜਾ ਆਪਿ ਹਰਿ ਘਲੈ॥੧੫॥	ਘੱਲੈ	Har Kirapaa Thae Har Paaeeai Jaa Aap Har Ghalai ||15||	By the Lord's Mercy, one finds the Lord, only when the Lord Himself sends for him. ||15||	ਇਹ ਨਾਮ-ਧਨ ਪਰਮਾਤਮਾ ਦੀ ਮਿਹਰ ਨਾਲ ਮਿਲਦਾ ਹੈ ਜਦੋਂ ਉਹ ਆਪ (ਗੁਰੂ ਨੂੰ ਜਗਤ ਵਿਚ) ਭੇਜਦਾ ਹੈ ॥੧੫॥
46851	1091	ਸਲੋਕੁ ਮਃ ੩॥		Salok Ma 3 ||	Shalok, Third Mehl:	
46852	1091	ਮਨਮੁਖ ਵਾਪਾਰੈ ਸਾਰ ਨ ਜਾਣਨੀ ਬਿਖੁ ਵਿਹਾਝਹਿ ਬਿਖੁ ਸੰਗ੍ਰਹਹਿ ਬਿਖ ਸਿਉ ਧਰਹਿ ਪਿਆਰੁ॥	ਸੰਗ੍ਰ-ਹਹਿ	Manamukh Vaapaarai Saar N Jaananee Bikh Vihaajhehi Bikh Sangrehehi Bikh Sio Dhharehi Piaar ||	The self-willed manmukh does not appreciate the excellence of trading in Truth. He deals in poison, collects poison, and is in love with poison.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਅਸਲ) ਵਪਾਰ ਦੀ ਕਦਰ ਨਹੀਂ ਜਾਣਦੇ, ਉਹ ਮਾਇਆ ਦਾ ਸੌਦਾ ਕਰਦੇ ਹਨ, ਮਾਇਆ ਜੋੜਦੇ ਹਨ ਤੇ ਮਾਇਆ ਨਾਲ ਹੀ ਪਿਆਰ ਕਰਦੇ ਹਨ;
46853	1091	ਬਾਹਰਹੁ ਪੰਡਿਤ ਸਦਾਇਦੇ ਮਨਹੁ ਮੂਰਖ ਗਾਵਾਰ॥		Baaharahu Panddith Sadhaaeidhae Manahu Moorakh Gaavaar ||	Outwardly, they call themselves Pandits, religious scholars, but in their minds they are foolish and ignorant.	ਉਹ ਬਾਹਰੋਂ ਤਾਂ ਵਿਦਵਾਨ ਅਖਵਾਂਦੇ ਹਨ ਪਰ ਅਸਲ ਵਿਚ ਮੂਰਖ ਹਨ ਗੰਵਾਰ ਹਨ,
46854	1091	ਹਰਿ ਸਿਉ ਚਿਤੁ ਨ ਲਾਇਨੀ ਵਾਦੀ ਧਰਨਿ ਪਿਆਰੁ॥		Har Sio Chith N Laaeinee Vaadhee Dhharan Piaar ||	They do not focus their consciousness on the Lord; they love to engage in arguments.	(ਕਿਉਂਕਿ) ਉਹ ਪ੍ਰਭੂ ਨਾਲ ਤਾਂ ਮਨ ਨਹੀਂ ਲਾਂਦੇ (ਵਿੱਦਿਆ ਦੇ ਆਸਰੇ) ਚਰਚਾ ਵਿਚ ਪਿਆਰ ਕਰਦੇ ਹਨ,

46855	1091	ਵਾਦਾ ਕੀਆ ਕਰਨਿ ਕਹਾਣੀਆ ਕੂੜੁ ਬੋਲਿ ਕਰਹਿ ਆਹਾਰੁ॥		Vaadhaa Keeaa Karan Kehaaneeaa Koorr Bol Karehi Aahaar ||	They speak to cause arguments, and earn their living by telling lies.	ਚਰਚਾ ਦੀਆਂ ਹੀ ਨਿੱਤ ਗੱਲਾਂ ਕਰਦੇ ਹਨ; ਤੇ ਰੋਜ਼ੀ ਕਮਾਂਦੇ ਹਨ ਕੂੜ ਬੋਲ ਕੇ।
46856	1091	ਜਗ ਮਹਿ ਰਾਮ ਨਾਮੁ ਹਰਿ ਨਿਰਮਲਾ ਹੋਰੁ ਮੈਲਾ ਸਭੁ ਆਕਾਰੁ॥		Jag Mehi Raam Naam Har Niramalaa Hor Mailaa Sabh Aakaar ||	In this world, only the Lord's Name is immaculate and pure. All other objects of creation are polluted.	(ਅਸਲ ਗੱਲ ਇਹ ਹੈ ਕਿ) ਨਾਮ ਸਿਮਰਨਾ ਹੀ ਜਗਤ ਵਿਚ (ਪਵਿਤ੍ਰ ਕੰਮ) ਹੈ, ਹੋਰ ਜੋ ਕੁਝ ਦਿੱਸ ਰਿਹਾ ਹੈ (ਇਸ ਦਾ ਆਹਰ) ਮੈਲ ਪੈਦਾ ਕਰਦਾ ਹੈ।
46857	1091	ਨਾਨਕ ਨਾਮੁ ਨ ਚੇਤਨੀ ਹੋਇ ਮੈਲੇ ਮਰਹਿ ਗਵਾਰ॥੧॥		Naanak Naam N Chaethanee Hoe Mailae Marehi Gavaar ||1||	O Nanak, those who do not remember the Naam, the Name of the Lord, are polluted; they die in ignorance. ||1||	ਹੇ ਨਾਨਕ! ਜੋ 'ਨਾਮ' ਨਹੀਂ ਸਿਮਰਦੇ ਉਹ ਮੂਰਖ ਨੀਵੇਂ ਜੀਵਨ ਵਾਲੇ ਹੋ ਕੇ ਆਤਮਕ ਮੌਤ ਸਹੇੜਦੇ ਹਨ ॥੧॥
46858	1091	ਮਃ ੩॥		Ma 3 ||	Third Mehl:	
46859	1091	ਦੁਖੁ ਲਗਾ ਬਿਨੁ ਸੇਵਿਐ ਹੁਕਮੁ ਮੰਨੇ ਦੁਖੁ ਜਾਇ॥		Dhukh Lagaa Bin Saeviai Hukam Mannae Dhukh Jaae ||	Without serving the Lord, he suffers in pain; accepting the Hukam of God's Command, pain is gone.	(ਪ੍ਰਭੂ ਦਾ) ਸਿਮਰਨ ਕਰਨ ਤੋਂ ਬਿਨਾ ਮਨੁੱਖ ਨੂੰ ਦੁੱਖ ਵਿਆਪਦਾ ਹੈ, ਜਦੋਂ (ਪ੍ਰਭੂ ਦਾ) ਹੁਕਮ ਮੰਨਦਾ ਹੈ (ਭਾਵ, ਰਜ਼ਾ ਵਿਚ ਤੁਰਦਾ ਹੈ) ਤਾਂ ਦੁੱਖ ਦੂਰ ਹੋ ਜਾਂਦਾ ਹੈ,

46860	1091	ਆਪੇ ਦਾਤਾ ਸੁਖੈ ਦਾ ਆਪੇ ਦੇਇ ਸਜਾਇ॥		Aapae Dhaathaa Sukhai Dhaa Aapae Dhaee Sajaae ||	He Himself is the Giver of peace; He Himself awards punishment.	(ਕਿਉਂਕਿ ਪ੍ਰਭੂ) ਆਪ ਹੀ ਸੁਖ ਦੇਣ ਵਾਲਾ ਹੈ ਤੇ ਆਪ ਹੀ ਸਜ਼ਾ ਦੇਣ ਵਾਲਾ ਹੈ।
46861	1091	ਨਾਨਕ ਏਵੈ ਜਾਣੀਐ ਸਭੁ ਕਿਛੁ ਤਿਸੈ ਰਜਾਇ॥੨॥		Naanak Eaevai Jaaneeai Sabh Kishh Thisai Rajaae ||2||	O Nanak, know this well; all that happens is according to His Will. ||2||	ਹੇ ਨਾਨਕ! ਹੁਕਮ ਵਿਚ ਤੁਰਿਆਂ ਹੀ ਇਹ ਸਮਝ ਪੈਂਦੀ ਹੈ ਕਿ ਸਭ ਕੁਝ ਪ੍ਰਭੂ ਦੀ ਰਜ਼ਾ ਵਿਚ ਹੋ ਰਿਹਾ ਹੈ ॥੨॥
46862	1091	ਪਉੜੀ॥		Pourree ||	Pauree:	
46863	1091	ਹਰਿ ਨਾਮ ਬਿਨਾ ਜਗਤੁ ਹੈ ਨਿਰਧਨੁ ਬਿਨੁ ਨਾਵੈ ਤ੍ਰਿਪਤਿ ਨਾਹੀ॥		Har Naam Binaa Jagath Hai Niradhhan Bin Naavai Thripath Naahee ||	Without the Lord's Name the world is poor. Without the Name no one is satisfied.	ਪ੍ਰਭੂ ਦੇ 'ਨਾਮ' ਤੋਂ ਬਿਨਾ ਜਗਤ ਕੰਗਾਲ ਹੈ (ਕਿਉਂਕਿ ਭਾਵੇਂ ਕਿਤਨੀ ਹੀ ਮਾਇਆ ਜੋੜ ਲਏ) 'ਨਾਮ' ਤੋਂ ਬਿਨਾ ਸੰਤੋਖ ਨਹੀਂ ਆਉਂਦਾ।
46864	1091	ਦੂਜੈ ਭਰਮਿ ਭੁਲਾਇਆ ਹਉਮੈ ਦੁਖੁ ਪਾਹੀ॥		Dhoojai Bharam Bhulaaeiaa Houmai Dhukh Paahee ||	He is deluded by duality and doubt. In egotism, he suffers in pain.	ਮਾਇਆ ਦੇ ਮੋਹ ਕਰਕੇ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ, ਹਉਮੈ ਦੇ ਕਾਰਨ ਹੀ ਜੀਵ ਦੁੱਖ ਪਾਂਦੇ ਹਨ।
46865	1092	ਬਿਨੁ ਕਰਮਾ ਕਿਛੂ ਨ ਪਾਈਐ ਜੇ ਬਹੁਤੁ ਲੋਚਾਹੀ॥		Bin Karamaa Kishhoo N Paaeeai Jae Bahuth Lochaahee ||	Without good karma, he does not obtain anything, no matter how much he may wish for it.	ਪਰ ਭਾਵੇਂ ਕਿਤਨੀ ਹੀ ਲਾਲਸਾ ਕਰਨ ਪ੍ਰਭੂ ਦੀ ਮਿਹਰ ਤੋਂ ਬਿਨਾ ਨਾਮ ਨਹੀਂ ਮਿਲਦਾ।

46866	1092	ਆਵੈ ਜਾਇ ਜੰਮੈ ਮਰੈ ਗੁਰ ਸਬਦਿ ਛੁਟਾਹੀ॥		Aavai Jaae Janmai Marai Gur Sabadh Shhuttaahee ||	Coming and going in reincarnation, and birth and death are ended, through the Word of the Guru's Shabad.	(ਸੋ, ਇਸ ਮੋਹ ਵਿਚ ਹੀ) ਜਗਤ ਜੰਮਦਾ ਹੈ ਮਰਦਾ ਹੈ ਜੰਮਦਾ ਹੈ ਮਰਦਾ ਹੈ। (ਇਸ ਗੇੜ ਵਿਚੋਂ) ਜੀਵ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਬਚ ਸਕਦੇ ਹਨ।
46867	1092	ਆਪਿ ਕਰੈ ਕਿਸੁ ਆਖੀਐ ਦੂਜਾ ਕੋ ਨਾਹੀ॥੧੬॥		Aap Karai Kis Aakheeai Dhoojaa Ko Naahee ||16||	He Himself acts, so unto whom should we complain? There is no other at all. ||16||	ਪਰ ਇਹ ਸਾਰੀ ਖੇਡ ਪ੍ਰਭੂ ਆਪ ਕਰ ਰਿਹਾ ਹੈ, ਕਿਸੇ ਹੋਰ ਪਾਸ ਪੁਕਾਰ ਨਹੀਂ ਕੀਤੀ ਜਾ ਸਕਦੀ, ਕਿਉਂਕਿ ਪ੍ਰਭੂ ਤੋਂ ਬਿਨਾ ਹੋਰ ਹੈ ਹੀ ਕੋਈ ਨਹੀਂ ॥੧੬॥
46868	1092	ਸਲੋਕੁ ਮਃ ੩॥		Salok Ma 3 ||	Shalok, Third Mehl:	
46869	1092	ਇਸੁ ਜਗ ਮਹਿ ਸੰਤੀ ਧਨੁ ਖਟਿਆ ਜਿਨਾ ਸਤਿਗੁਰੁ ਮਿਲਿਆ ਪ੍ਰਭੁ ਆਇ॥	ਜੱਗ। ਸੰਤੀਂ। ਖੱਟਿਆ	Eis Jag Mehi Santhee Dhhan Khattiaa Jinaa Sathigur Miliaa Prabh Aae ||	In this world, the Saints earn the wealth; they come to meet God through the True Guru.	ਇਸ ਜਗਤ ਵਿਚ ਸੰਤਾਂ ਨੇ (ਹੀ) ਨਾਮ-ਧਨ ਕਮਾਇਆ ਹੈ ਜਿਨ੍ਹਾਂ ਨੂੰ ਗੁਰੂ ਮਿਲਿਆ ਹੈ (ਤੇ ਗੁਰੂ ਦੀ ਰਾਹੀਂ) ਪ੍ਰਭੂ ਮਿਲਿਆ ਹੈ,
46870	1092	ਸਤਿਗੁਰਿ ਸਚੁ ਦ੍ਰਿੜਾਇਆ ਇਸੁ ਧਨ ਕੀ ਕੀਮਤਿ ਕਹੀ ਨ ਜਾਇ॥		Sathigur Sach Dhrirraaeiaa Eis Dhhan Kee Keemath Kehee N Jaae ||	The True Guru implants the Truth within; the value of this wealth cannot be described.	(ਕਿਉਂਕਿ) ਗੁਰੂ ਨੇ ਉਹਨਾਂ ਦੇ ਮਨ ਵਿਚ ਸਿਮਰਨ ਪੱਕਾ ਕਰ ਦਿੱਤਾ ਹੈ (ਭਾਵ, ਸਿਮਰਨ ਦੀ ਪੱਕੀ ਗੰਢ ਬੰਨ੍ਹ ਦਿੱਤੀ ਹੈ)। ਇਹ ਨਾਮ-ਧਨ ਇਤਨਾ ਅਮੋਲਕ ਹੈ ਕਿ ਇਸ ਦਾ ਮੁੱਲ ਨਹੀਂ ਪੈ ਸਕਦਾ।

46871	1092	ਇਤੁ ਧਨਿ ਪਾਇਐ ਭੁਖ ਲਥੀ ਸੁਖੁ ਵਸਿਆ ਮਨਿ ਆਇ॥		Eith Dhhan Paaeiai Bhukh Lathhee Sukh Vasiaa Man Aae ||	Obtaining this wealth, hunger is relieved, and peace comes to dwell in the mind.	ਜੇ ਇਹ ਨਾਮ-ਧਨ ਮਿਲ ਜਾਏ ਤਾਂ (ਮਾਇਆ ਦੀ) ਭੁੱਖ ਲਹਿ ਜਾਂਦੀ ਹੈ, ਮਨ ਵਿਚ ਸੁਖ ਆ ਵਸਦਾ ਹੈ,
46872	1092	ਜਿੰਨ੍ਹਾ ਕਉ ਧੁਰਿ ਲਿਖਿਆ ਤਿਨੀ ਪਾਇਆ ਆਇ॥		Jinnhaa Ko Dhhur Likhiaa Thinee Paaeiaa Aae ||	Only those who have such pre-ordained destiny, come to receive this.	ਪਰ ਮਿਲਦਾ ਉਹਨਾਂ ਨੂੰ ਹੈ ਜਿਨ੍ਹਾਂ ਦੇ ਭਾਗਾਂ ਵਿਚ ਧੁਰ ਦਰਗਾਹੋਂ ਲਿਖਿਆ ਹੋਵੇ (ਭਾਵ, ਜਿਨ੍ਹਾਂ ਉੱਤੇ ਮੇਹਰ ਹੋਵੇ)।
46873	1092	ਮਨਮੁਖੁ ਜਗਤੁ ਨਿਰਧਨੁ ਹੈ ਮਾਇਆ ਨੋ ਬਿਲਲਾਇ॥	ਜੱਗਤੁ	Manamukh Jagath Niradhhan Hai Maaeiaa No Bilalaae ||	The world of the self-willed manmukh is poor, crying out for Maya.	ਮਨ ਦੇ ਪਿੱਛੇ ਤੁਰਨ ਵਾਲਾ ਜਗਤ ਸਦਾ ਕੰਗਾਲ ਹੈ ਮਾਇਆ ਲਈ ਹੀ ਵਿਲਕਦਾ ਹੈ,
46874	1092	ਅਨ ਦਿਨੁ ਫਿਰਦਾ ਸਦਾ ਰਹੈ ਭੁਖ ਨ ਕਦੇ ਜਾਇ॥		Anadhin Firadhaa Sadhaa Rehai Bhukh N Kadhae Jaae ||	Night and day, it wanders continually, and its hunger is never relieved.	ਹਰ ਰੋਜ਼ ਸਦਾ ਭਟਕਦਾ ਫਿਰਦਾ ਹੈ, ਇਸ ਦੀ (ਮਾਇਆ ਵਾਲੀ) ਭੁੱਖ ਮਿਟਦੀ ਨਹੀਂ,
46875	1092	ਸਾਂਤਿ ਨ ਕਦੇ ਆਵਈ ਨਹ ਸੁਖੁ ਵਸੈ ਮਨਿ ਆਇ॥		Saanth N Kadhae Aavee Neh Sukh Vasai Man Aae ||	It never finds calm tranquility, and peace never comes to dwell in its mind.	ਕਦੇ ਇਸ ਦੇ ਅੰਦਰ ਠੰਢ ਨਹੀਂ ਪੈਂਦੀ, ਕਦੇ ਇਸ ਦੇ ਮਨ ਵਿਚ ਸੁਖ ਨਹੀਂ ਹੁੰਦਾ,

46876	1092	ਸਦਾ ਚਿੰਤ ਚਿਤਵਦਾ ਰਹੈ ਸਹਸਾ ਕਦੇ ਨ ਜਾਇ॥		Sadhaa Chinth Chithavadhaa Rehai Sehasaa Kadhae N Jaae ||	It is always plagued by anxiety, and its cynicism never departs.	ਕਦੇ ਇਸ ਦਾ ਤੌਖ਼ਲਾ ਦੂਰ ਨਹੀਂ ਹੁੰਦਾ, ਸਦਾ ਸੋਚਾਂ ਸੋਚਦਾ ਰਹਿੰਦਾ ਹੈ;
46877	1092	ਨਾਨਕ ਵਿਣੁ ਸਤਿਗੁਰ ਮਤਿ ਭਵੀ ਸਤਿਗੁਰ ਨੋ ਮਿਲੈ ਤਾ ਸਬਦੁ ਕਮਾਇ॥		Naanak Vin Sathigur Math Bhavee Sathigur No Milai Thaa Sabadh Kamaae ||	O Nanak, without the True Guru, the intellect is perverted; if one meets the True Guru, then one practices the Word of the Shabad.	ਹੇ ਨਾਨਕ! ਗੁਰੂ ਤੋਂ ਵਾਂਜੇ ਰਹਿਣ ਕਰਕੇ ਇਸ ਦੀ ਬੁੱਧੀ ਨੂੰ ਚੱਕ੍ਰ ਆਇਆ ਹੋਇਆ ਹੈ। ਜੇ ਮਨਮੁਖ ਭੀ ਗੁਰੂ ਨੂੰ ਮਿਲ ਪਏ ਤਾਂ ਸ਼ਬਦ ਦੀ ਕਮਾਈ ਕਰਦਾ ਹੈ,
46878	1092	ਸਦਾ ਸਦਾ ਸੁਖ ਮਹਿ ਰਹੈ ਸਚੇ ਮਾਹਿ ਸਮਾਇ॥੧॥		Sadhaa Sadhaa Sukh Mehi Rehai Sachae Maahi Samaae ||1||	Forever and ever, he dwells in peace, and merges in the True Lord. ||1||	(ਸ਼ਬਦ ਦੀ ਬਰਕਤਿ ਨਾਲ) ਫਿਰ ਸਦਾ ਹੀ ਸੁਖ ਟਿਕਿਆ ਰਹਿੰਦਾ ਹੈ, ਪ੍ਰਭੂ ਵਿਚ ਜੁੜਿਆ ਰਹਿੰਦਾ ਹੈ ॥੧॥
46879	1092	ਮਃ ੩॥		Ma 3 ||	Third Mehl:	
46880	1092	ਜਿਨਿ ਉਪਾਈ ਮੇਦਨੀ ਸੋਈ ਸਾਰ ਕਰੇਇ॥	ਕਰੇ-ਇ	Jin Oupaaee Maedhanee Soee Saar Karaee ||	The One who created the world, takes care of it.	ਜਿਸ ਪਰਮਾਤਮਾ ਨੇ ਸ੍ਰਿਸ਼ਟੀ ਪੈਦਾ ਕੀਤੀ ਹੈ ਉਹੀ ਇਸ ਦੀ ਸੰਭਾਲ ਕਰਦਾ ਹੈ।

46881	1092	ਏਕੋ ਸਿਮਰਹੁ ਭਾਇਰਹੁ ਤਿਸੁ ਬਿਨੁ ਅਵਰੁ ਨ ਕੋਇ॥		Eaeko Simarahu Bhaaeirahu This Bin Avar N Koe ||	Meditate in remembrance on the One Lord, O Siblings of Destiny; there is none other than Him.	ਹੇ ਭਰਾਵੋ! ਉਸ ਇਕ ਨੂੰ ਸਿਮਰੋ, ਉਸ ਤੋਂ ਬਿਨਾ ਹੋਰ ਕੋਈ (ਸੰਭਾਲ ਕਰਨ ਵਾਲਾ) ਨਹੀਂ ਹੈ।
46882	1092	ਖਾਣਾ ਸਬਦੁ ਚੰਗਿਆਈਆ ਜਿਤੁ ਖਾਧੈ ਸਦਾ ਤ੍ਰਿਪਤਿ ਹੋਇ॥		Khaanaa Sabadh Changiaaeeaa Jith Khaadhhai Sadhaa Thripath Hoe ||	So eat the food of the Shabad and goodness; eating it, you shall remain satisfied forever.	(ਹੇ ਭਰਾਵੋ!) ਪ੍ਰਭੂ ਦੇ ਗੁਣਾਂ ਨੂੰ ਗੁਰੂ ਦੇ ਸ਼ਬਦ ਨੂੰ ਭੋਜਨ ਬਣਾਓ (ਭਾਵ, ਜੀਵਨ ਦਾ ਆਸਰਾ ਬਣਾਓ), ਇਹ ਭੋਜਨ ਖਾਧਿਆਂ ਸਦਾ ਰੱਜੇ ਰਹੀਦਾ ਹੈ (ਮਨ ਵਿਚ ਸਦਾ ਸੰਤੋਖ ਰਹਿੰਦਾ ਹੈ)।
46883	1092	ਪੈਨਣੁ ਸਿਫਤਿ ਸਨਾਇ ਹੈ ਸਦਾ ਸਦਾ ਓਹੁ ਊਜਲਾ ਮੈਲਾ ਕਦੇ ਨ ਹੋਇ॥	ਪੈਨ੍ਣੁ	Painan Sifath Sanaae Hai Sadhaa Sadhaa Ouhu Oojalaa Mailaa Kadhae N Hoe ||	Dress yourself in the Praise of the Lord. Forever and ever, it is radiant and bright; it is never polluted.	ਪ੍ਰਭੂ ਦੀ ਸਿਫ਼ਤ-ਸਾਲਾਹ ਨੂੰ ਵਡਿਆਈਆਂ ਨੂੰ (ਆਪਣਾ) ਪੁਸ਼ਾਕਾ ਬਣਾਓ, ਉਹ ਪੁਸ਼ਾਕਾ ਸਦਾ ਸਾਫ਼ ਰਹਿੰਦਾ ਹੈ ਤੇ ਕਦੇ ਮੈਲਾ ਨਹੀਂ ਹੁੰਦਾ।
46884	1092	ਸਹਜੇ ਸਚੁ ਧਨੁ ਖਟਿਆ ਥੋੜਾ ਕਦੇ ਨ ਹੋਇ॥		Sehajae Sach Dhhan Khattiaa Thhorraa Kadhae N Hoe ||	I have intuitively earned the true wealth, which never decreases.	ਆਤਮਕ ਅਡੋਲਤਾ ਵਿਚ (ਰਹਿ ਕੇ) ਖੱਟਿਆ ਹੋਇਆ ਨਾਮ-ਧਨ ਕਦੇ ਘਟਦਾ ਨਹੀਂ।

46885	1092	ਦੇਹੀ ਨੋ ਸਬਦੁ ਸੀਗਾਰੁ ਹੈ ਜਿਤੁ ਸਦਾ ਸਦਾ ਸੁਖੁ ਹੋਇ॥		Dhaehee No Sabadh Seegaar Hai Jith Sadhaa Sadhaa Sukh Hoe ||	The body is adorned with the Shabad, and is at peace forever and ever.	ਮਨੁੱਖਾ ਸਰੀਰ ਲਈ ਗੁਰੂ ਦਾ ਸ਼ਬਦ (ਮਾਨੋ) ਗਹਣਾ ਹੈ, ਇਸ (ਗਹਣੇ ਦੀ ਬਰਕਤਿ) ਨਾਲ ਸਦਾ ਹੀ ਸੁਖ ਮਿਲਦਾ ਹੈ।
46886	1092	ਨਾਨਕ ਗੁਰਮੁਖਿ ਬੁਝੀਐ ਜਿਸ ਨੋ ਆਪਿ ਵਿਖਾਲੇ ਸੋਇ॥੨॥		Naanak Guramukh Bujheeai Jis No Aap Vikhaalae Soe ||2||	O Nanak, the Gurmukh realizes the Lord, who reveals Himself. ||2||	ਹੇ ਨਾਨਕ! ਜਿਸ ਮਨੁੱਖ ਨੂੰ ਪ੍ਰਭੂ ਆਪ ਸੋਝੀ ਪਾਏ ਉਹ ਗੁਰੂ ਦੀ ਰਾਹੀਂ ਇਹ (ਜੀਵਨ-ਭੇਤ) ਸਮਝਦਾ ਹੈ ॥੨॥
46887	1092	ਪਉੜੀ॥		Pourree ||	Pauree:	
46888	1092	ਅੰਤਰਿ ਜਪੁ ਤਪੁ ਸੰਜਮੋ ਗੁਰ ਸਬਦੀ ਜਾਪੈ॥		Anthar Jap Thap Sanjamo Gur Sabadhee Jaapai ||	Deep within the self are meditation and austere self-discipline, when one realizes the Word of the Guru's Shabad.	('ਦੂਜੇ ਭਰਮ' ਵਲੋਂ ਹਟ ਕੇ) ਮਨ ਦੇ ਅੰਦਰ ਹੀ ਟਿਕਣਾ-ਇਹੀ ਜਪ ਹੈ ਇਹੀ ਤਪ ਹੈ ਇਹੀ ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਰੋਕਣ ਦਾ ਸਾਧਨ ਹੈ; ਪਰ ਇਹ ਸਮਝ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਆਉਂਦੀ ਹੈ।
46889	1092	ਹਰਿ ਹਰਿ ਨਾਮੁ ਧਿਆਈਐ ਹਉਮੈ ਅਗਿਆਨੁ ਗਵਾਪੈ॥		Har Har Naam Dhhiaaeeai Houmai Agiaan Gavaapai ||	Meditating on the Name of the Lord, Har, Har, egotism and ignorance are eliminated.	ਜੇ ('ਦੂਜੇ ਭਰਮ' ਨੂੰ ਛੱਡ ਕੇ) ਪ੍ਰਭੂ ਦਾ ਨਾਮ ਸਿਮਰੀਏ ਤਾਂ ਹਉਮੈ ਤੇ ਆਤਮਕ ਜੀਵਨ ਵਲੋਂ ਬੇ-ਸਮਝੀ ਦੂਰ ਹੋ ਜਾਂਦੀ ਹੈ।

46890	1092	ਅੰਦਰੁ ਅੰਮ੍ਰਿਤਿ ਭਰਪੂਰੁ ਹੈ ਚਾਖਿਆ ਸਾਦੁ ਜਾਪੈ॥		Andhar Anmrith Bharapoor Hai Chaakhiaa Saadh Jaapai ||	One's inner being is overflowing with Ambrosial Nectar; tasting it, the flavor is known.	(ਉਂਞ ਤਾਂ ਸਦਾ ਹੀ) ਹਿਰਦਾ ਨਾਮ-ਅੰਮ੍ਰਿਤ ਨਾਲ ਨਕਾ-ਨਕ ਭਰਿਆ ਹੋਇਆ ਹੈ (ਭਾਵ, ਪਰਮਾਤਮਾ ਅੰਦਰ ਹੀ ਰੋਮ ਰੋਮ ਵਿਚ ਵੱਸਦਾ ਹੈ), (ਗੁਰ-ਸ਼ਬਦ ਦੀ ਰਾਹੀਂ ਨਾਮ-ਰਸ) ਚੱਖਿਆਂ ਸੁਆਦ ਆਉਂਦਾ ਹੈ।
46891	1092	ਜਿਨ ਚਾਖਿਆ ਸੇ ਨਿਰਭਉ ਭਏ ਸੇ ਹਰਿ ਰਸਿ ਧ੍ਰਾਪੈ॥		Jin Chaakhiaa Sae Nirabho Bheae Sae Har Ras Dhhraapai ||	Those who taste it become fearless; they are satisfied with the sublime essence of the Lord.	ਜਿਨ੍ਹਾਂ ਨੇ ਇਹ ਨਾਮ-ਰਸ ਚੱਖਿਆ ਹੈ ਉਹ ਨਿਰਭਉ (ਪ੍ਰਭੂ ਦਾ ਰੂਪ) ਹੋ ਜਾਂਦੇ ਹਨ, ਉਹ ਨਾਮ ਦੇ ਰਸ ਨਾਲ ਰੱਜ ਜਾਂਦੇ ਹਨ।
46892	1092	ਹਰਿ ਕਿਰਪਾ ਧਾਰਿ ਪੀਆਇਆ ਫਿਰਿ ਕਾਲੁ ਨ ਵਿਆਪੈ॥੧੭॥		Har Kirapaa Dhhaar Peeaaeiaa Fir Kaal N Viaapai ||17||	Those who drink it in, by the Grace of the Lord, are never again afflicted by death. ||17||	ਜਿਨ੍ਹਾਂ ਨੂੰ ਪ੍ਰਭੂ ਨੇ ਮਿਹਰ ਕਰ ਕੇ ਇਹ ਰਸ ਪਿਲਾਇਆ ਹੈ ਉਹਨਾਂ ਨੂੰ ਮੁੜ ਮੌਤ ਦਾ ਡਰ ਦਬਾ ਨਹੀਂ ਸਕਦਾ (ਆਤਮਕ ਮੌਤ ਉਹਨਾਂ ਦੇ ਨੇੜੇ ਨਹੀਂ ਆਉਂਦੀ) ॥੧੭॥
46893	1092	ਸਲੋਕੁ ਮਃ ੩॥		Salok Ma 3 ||	Shalok, Third Mehl:	
46894	1092	ਲੋਕੁ ਅਵਗਣਾ ਕੀ ਬੰਨੈ ਗੰਠੜੀ ਗੁਣ ਨ ਵਿਹਾਝੈ ਕੋਇ॥		Lok Avaganaa Kee Bannhai Gantharree Gun N Vihaajhai Koe ||	People tie up bundles of demerits; no one deals in virtue.	ਜਗਤ ਔਗੁਣਾਂ ਦੀ ਪੋਟਲੀ ਬੰਨ੍ਹੀ ਜਾ ਰਿਹਾ ਹੈ, ਕੋਈ ਬੰਦਾ ਗੁਣਾਂ ਦਾ ਸੌਦਾ ਨਹੀਂ ਕਰਦਾ।

46895	1092	ਗੁਣ ਕਾ ਗਾਹਕੁ ਨਾਨਕਾ ਵਿਰਲਾ ਕੋਈ ਹੋਇ॥		Gun Kaa Gaahak Naanakaa Viralaa Koee Hoe ||	Rare is that person, O Nanak, who purchases virtue.	ਹੇ ਨਾਨਕ! ਗੁਣ ਖ਼ਰੀਦਣ ਵਾਲਾ ਕੋਈ ਵਿਰਲਾ ਹੀ ਹੁੰਦਾ ਹੈ।
46896	1092	ਗੁਰ ਪਰਸਾਦੀ ਗੁਣ ਪਾਈਅਨਿ ਜਿਸ ਨੋ ਨਦਰਿ ਕਰੇਇ॥੧॥		Gur Parasaadhee Gun Paaeeanih Jis No Nadhar Karaee ||1||	By Guru's Grace, one is blessed with virtue, when the Lord bestows His Glance of Grace. ||1||	ਗੁਰੂ ਦੀ ਕਿਰਪਾ ਨਾਲ ਹੀ ਗੁਣ ਮਿਲਦੇ ਹਨ, (ਪਰ ਮਿਲਦੇ ਉਸ ਨੂੰ ਹਨ) ਜਿਸ ਉਤੇ ਪ੍ਰਭੂ ਮਿਹਰ ਦੀ ਨਜ਼ਰ ਕਰਦਾ ਹੈ ॥੧॥
46897	1092	ਮਃ ੩॥		Ma 3 ||	Third Mehl:	
46898	1092	ਗੁਣ ਅਵਗੁਣ ਸਮਾਨਿ ਹਹਿ ਜਿ ਆਪਿ ਕੀਤੇ ਕਰਤਾਰਿ॥		Gun Avagun Samaan Hehi J Aap Keethae Karathaar ||	Merits and demerits are the same; they are both created by the Creator.	(ਜਿਸ ਨੇ ਹੁਕਮ ਮੰਨਿਆ ਹੈ ਉਸ ਨੂੰ ਲੋਕਾਂ ਵਲੋਂ ਕੀਤੇ) ਗੁਣ ਤੇ ਔਗੁਣ (ਭਾਵ, ਨੇਕੀ ਤੇ ਬਦੀ ਦਾ ਸਲੂਕ) ਇਕੋ ਜਿਹੇ ਜਾਪਦੇ ਹਨ (ਕਿਉਂਕਿ 'ਹੁਕਮ' ਵਿਚ ਤੁਰਨ ਦੇ ਕਾਰਨ ਸਮਝਦਾ ਹੈ ਕਿ) ਇਹ (ਗੁਣ ਤੇ ਔਗੁਣ) ਕਰਤਾਰ ਨੇ ਆਪ ਪੈਦਾ ਕੀਤੇ ਹਨ।
46899	1092	ਨਾਨਕ ਹੁਕਮਿ ਮੰਨਿਐ ਸੁਖੁ ਪਾਈਐ ਗੁਰ ਸਬਦੀ ਵੀਚਾਰਿ॥੨॥		Naanak Hukam Manniai Sukh Paaeeai Gur Sabadhee Veechaar ||2||	O Nanak, one who obeys the Hukam of the Lord's Command, finds peace, contemplating the Word of the Guru's Shabad. ||2||	ਹੇ ਨਾਨਕ! ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰਵਾਨ ਹੋ ਕੇ ਪ੍ਰਭੂ ਦਾ ਹੁਕਮ ਮੰਨਿਆਂ ਸੁਖ ਮਿਲਦਾ ਹੈ ॥੨॥

46900	1092	ਪਉੜੀ॥		Pourree ||	Pauree:	
46901	1092	ਅੰਦਰਿ ਰਾਜਾ ਤਖਤੁ ਹੈ ਆਪੇ ਕਰੇ ਨਿਆਉ॥		Andhar Raajaa Thakhath Hai Aapae Karae Niaao ||	The King sits on the throne within the self; He Himself administers justice.	(ਜੀਵ ਦੇ) ਅੰਦਰ ਹੀ (ਜੀਆਂ ਦਾ) ਮਾਲਕ (ਬੈਠਾ) ਹੈ, (ਜੀਵ ਦੇ) ਅੰਦਰ ਹੀ (ਉਸ ਦਾ) ਤਖ਼ਤ ਹੈ, ਉਹ ਆਪ ਹੀ (ਅੰਦਰ ਬੈਠਾ ਹੋਇਆ, ਜੀਵ ਦੇ ਕੀਤੇ ਕਰਮਾਂ ਦਾ) ਨਿਆਂ ਕਰੀ ਜਾਂਦਾ ਹੈ।
46902	1092	ਗੁਰ ਸਬਦੀ ਦਰੁ ਜਾਣੀਐ ਅੰਦਰਿ ਮਹਲੁ ਅਸਰਾਉ॥	(ਅਸਰਾਉ) ਆਸਰਾ	Gur Sabadhee Dhar Jaaneeai Andhar Mehal Asaraao ||	Through the Word of the Guru's Shabad, the Lord's Court is known; within the self is the Sanctuary, the Mansion of the Lord's Presence.	(ਜੀਵ ਦੇ) ਅੰਦਰ ਹੀ (ਉਸ ਦਾ) ਮਹਲ ਹੈ, (ਜੀਵ ਦੇ) ਅੰਦਰ ਹੀ (ਬੈਠਾ ਜੀਵ ਨੂੰ) ਆਸਰਾ (ਦੇਈ ਜਾ ਰਿਹਾ) ਹੈ, ਪਰ ਉਸ ਦੇ ਮਹਲ ਦਾ ਬੂਹਾ ਗੁਰੂ ਦੇ ਸ਼ਬਦ ਦੀ ਰਾਹੀਂ ਲੱਭਦਾ ਹੈ।
46903	1092	ਖਰੇ ਪਰਖਿ ਖਜਾਨੈ ਪਾਈਅਨਿ ਖੋਟਿਆ ਨਾਹੀ ਥਾਉ॥		Kharae Parakh Khajaanai Paaeean Khottiaa Naahee Thhaao ||	The coins are assayed, and the genuine coins are placed in His treasury, while the counterfeit ones find no place.	(ਜੀਵ ਦੇ ਅੰਦਰ ਹੀ ਬੈਠੇ ਹੋਏ ਦੀ ਹਜ਼ੂਰੀ ਵਿਚ) ਖਰੇ ਜੀਵ ਪਰਖ ਕੇ ਖ਼ਜ਼ਾਨੇ ਵਿਚ ਰੱਖੇ ਜਾਂਦੇ ਹਨ (ਭਾਵ, ਅੰਦਰ ਬੈਠਾ ਹੋਇਆ ਹੀ ਖਰੇ ਜੀਵਾਂ ਦੀ ਆਪ ਸੰਭਾਲ ਕਰੀ ਜਾਂਦਾ ਹੈ), ਖੋਟਿਆਂ ਨੂੰ ਥਾਂ ਨਹੀਂ ਮਿਲਦੀ।
46904	1092	ਸਭੁ ਸਚੋ ਸਚੁ ਵਰਤਦਾ ਸਦਾ ਸਚੁ ਨਿਆਉ॥		Sabh Sacho Sach Varathadhaa Sadhaa Sach Niaao ||	The Truest of the True is all-pervading; His justice is forever True.	ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ ਹਰ ਥਾਂ ਮੌਜੂਦ ਹੈ, ਉਸ ਦਾ ਨਿਆਂ ਸਦਾ ਅਟੱਲ ਹੈ;

46905	1092	ਅੰਮ੍ਰਿਤ ਕਾ ਰਸੁ ਆਇਆ ਮਨਿ ਵਸਿਆ ਨਾਉ॥੧੮॥		Anmrith Kaa Ras Aaeiaa Man Vasiaa Naao ||18||	One comes to enjoy the Ambrosial essence, when the Name is enshrined in the mind. ||18||	ਉਨ੍ਹਾਂ ਨੂੰ ਉਸ ਦੇ ਨਾਮ-ਅੰਮ੍ਰਿਤ ਦਾ ਸੁਆਦ ਆਉਂਦਾ ਹੈ ਜਿਨ੍ਹਾਂ ਦੇ ਮਨ ਵਿਚ ਨਾਮ ਵੱਸਦਾ ਹੈ ॥੧੮॥
46906	1092	ਸਲੋਕ ਮਃ ੧॥		Salok Ma 1 ||	Shalok, First Mehl:	
46907	1092	ਹਉਮੈ ਕਰੀ ਤਾਂ ਤੂ ਨਾਹੀ ਤੂ ਹੋਵਹਿ ਹਉ ਨਾਹਿ॥		Ho Mai Karee Thaan Thoo Naahee Thoo Hovehi Ho Naahi ||	When one acts in egotism, then You are not there, Lord. Wherever You are, there is no ego.	ਹੇ ਪ੍ਰਭੂ! ਜਦੋਂ ਮੈਂ 'ਹਉਂ, ਹਉਂ' ਕਰਦਾ ਹਾਂ ਤਦੋਂ ਤੂੰ (ਮੇਰੇ ਅੰਦਰ ਪਰਗਟ) ਨਹੀਂ ਹੁੰਦਾ, ਪਰ ਜਦੋਂ ਤੂੰ ਆ ਵੱਸਦਾ ਹੈਂ ਮੇਰੀ 'ਹਉਂ' ਮੁਕ ਜਾਂਦੀ ਹੈ।
46908	1093	ਬੂਝਹੁ ਗਿਆਨੀ ਬੂਝਣਾ ਏਹ ਅਕਥ ਕਥਾ ਮਨ ਮਾਹਿ॥	ਅ-ਕਥ: ਪੋਲਾ ਬੋਲੋ	Boojhahu Giaanee Boojhanaa Eaeh Akathh Kathhaa Man Maahi ||	O spiritual teachers, understand this: the Unspoken Speech is in the mind.	ਹੇ ਗਿਆਨਵਾਨ! ਅਕੱਥ ਪ੍ਰਭੂ ਦੀ ਇਹ ਡੂੰਘੀ ਰਾਜ਼ ਵਾਲੀ ਗੱਲ ਆਪਣੇ ਮਨ ਵਿਚ ਸਮਝ।
46909	1093	ਬਿਨੁ ਗੁਰ ਤਤੁ ਨ ਪਾਈਐ ਅਲਖੁ ਵਸੈ ਸਭ ਮਾਹਿ॥		Bin Gur Thath N Paaeeai Alakh Vasai Sabh Maahi ||	Without the Guru, the essence of reality is not found; the Invisible Lord dwells everywhere.	ਅਲੱਖ ਪ੍ਰਭੂ ਵੱਸਦਾ ਤਾਂ ਸਭ ਦੇ ਅੰਦਰ ਹੈ, ਪਰ ਇਹ ਅਸਲੀਅਤ ਗੁਰੂ ਤੋਂ ਬਿਨਾ ਨਹੀਂ ਲੱਭਦੀ।

46910	1093	ਸਤਿਗੁਰੁ ਮਿਲੈ ਤ ਜਾਣੀਐ ਜਾਂ ਸਬਦੁ ਵਸੈ ਮਨ ਮਾਹਿ॥		Sathigur Milai Th Jaaneeai Jaan Sabadh Vasai Man Maahi ||	One meets the True Guru, and then the Lord is known, when the Word of the Shabad comes to dwell in the mind.	ਜਦੋਂ ਗੁਰੂ ਮਿਲ ਪਏ ਜਦੋਂ ਗੁਰੂ ਦਾ ਸ਼ਬਦ ਮਨ ਵਿਚ ਆ ਵੱਸੇ ਤਾਂ ਇਹ ਸਮਝ ਪੈਂਦੀ ਹੈ।
46911	1093	ਆਪੁ ਗਇਆ ਭ੍ਰਮੁ ਭਉ ਗਇਆ ਜਨਮ ਮਰਨ ਦੁਖ ਜਾਹਿ॥		Aap Gaeiaa Bhram Bho Gaeiaa Janam Maran Dhukh Jaahi ||	When self-conceit departs, doubt and fear also depart, and the pain of birth and death is removed.	ਜਿਸ ਮਨੁੱਖ ਦੀ 'ਹਉਂ' ਦੂਰ ਹੋ ਜਾਂਦੀ ਹੈ, (ਮਾਇਆ ਦੀ ਖ਼ਾਤਰ) ਭਟਕਣਾ ਮਿਟ ਜਾਂਦੀ ਹੈ (ਮੌਤ ਆਦਿਕ ਦਾ) ਡਰ ਮੁੱਕ ਜਾਂਦਾ ਹੈ, ਉਸ ਦੇ ਸਾਰੀ ਉਮਰ ਦੇ ਦੁੱਖ ਨਾਸ ਹੋ ਜਾਂਦੇ ਹਨ (ਕਿਉਂਕਿ ਜੀਵਨ ਵਿਚ ਦੁੱਖ ਹੁੰਦੇ ਹੀ ਇਹੀ ਹਨ)।
46912	1093	ਗੁਰਮਤਿ ਅਲਖੁ ਲਖਾਈਐ ਊਤਮ ਮਤਿ ਤਰਾਹਿ॥		Guramath Alakh Lakhaaeeai Ootham Math Tharaahi ||	Following the Guru's Teachings, the Unseen Lord is seen; the intellect is exalted, and one is carried across.	ਜਿਨ੍ਹਾਂ ਨੂੰ ਗੁਰੂ ਦੀ ਮੱਤ ਲਿਆਂ ਰੱਬ ਦਿੱਸ ਪੈਂਦਾ ਹੈ, ਜਿਨ੍ਹਾਂ ਦੀ ਬੁੱਧ ਉੱਜਲ ਹੋ ਜਾਂਦੀ ਹੈ ਉਹ (ਇਹਨਾਂ ਦੁੱਖਾਂ ਦੇ ਸਮੁੰਦਰ ਤੋਂ) ਤਰ ਜਾਂਦੇ ਹਨ।

46913	1093	ਨਾਨਕ ਸੋ ਹੰ ਹੰ ਸਾ ਜਪੁ ਜਾਪਹੁ ਤ੍ਰਿਭਵਣ ਤਿਸੈ ਸਮਾਹਿ॥੧॥	ਸਤਿਗੁਰੂ ਜੀ (ਸੋ) ਵਾਹਿਗੁਰੂ ਸਰੂਪ (ਹੰ) ਹਨ। (ਸਾ) ਵਾਹਿਗੁਰੂ ਜੀ, ਸਤਿਗੁਰੂ ਜੀ ਸਰੂਪ (ਹੰ) ਹਨ, ਇਸ ਲਈ ਵਾਹਿਗੁਰੂ ਸਤਿਗੁਰੂ ਵਾਹਿਗੁਰੂ ਸਤਿਗੁਰੂ ਜੀ ਜਪੁ ਜਪਣਾ ਕਰੋ। (ਦੂਜਾ ਪਾਠ: ਸੋਹੰ ਹੰਸਾ)	Naanak Sohan Hansaa Jap Jaapahu Thribhavan Thisai Samaahi ||1||	O Nanak, chant the chant of 'Sohang hansaa' - 'He is me, and I am Him.' The three worlds are absorbed in Him. ||1||	(ਸੋ,) ਹੇ ਨਾਨਕ! (ਤੂੰ ਭੀ) ਸਿਮਰਨ ਕਰ ਜਿਸ ਨਾਲ ਤੇਰੀ ਆਤਮਾ ਪ੍ਰਭੂ ਨਾਲ ਇਕ-ਰੂਪ ਹੋ ਜਾਏ, (ਵੇਖ!) ਤ੍ਰਿਲੋਕੀ ਦੇ ਹੀ ਜੀਵ ਉਸੇ ਵਿਚ ਟਿਕੇ ਹੋਏ ਹਨ (ਉਸੇ ਦੇ ਆਸਰੇ ਹਨ) ॥੧॥
46914	1093	ਮਃ ੩॥		Ma 3 ||	Third Mehl:	
46915	1093	ਮਨੁ ਮਾਣਕੁ ਜਿਨਿ ਪਰਖਿਆ ਗੁਰ ਸਬਦੀ ਵੀਚਾਰਿ॥		Man Maanak Jin Parakhiaa Gur Sabadhee Veechaar ||	Some assay their mind-jewel, and contemplate the Word of the Guru's Shabad.	ਇਹ ਮਨ ਸੁੱਚਾ ਮੋਤੀ ਹੈ, ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰ ਕਰ ਕੇ (ਇਸ ਸੁੱਚੇ ਮੋਤੀ ਨੂੰ) ਪਰਖ ਲਿਆ ਹੈ,
46916	1093	ਸੇ ਜਨ ਵਿਰਲੇ ਜਾਣੀਅਹਿ ਕਲਜੁਗ ਵਿਚਿ ਸੰਸਾਰਿ॥		Sae Jan Viralae Jaaneeahi Kalajug Vich Sansaar ||	Only a few of those humble beings are known in this world, in this Dark Age of Kali Yuga.	ਅਜੇਹੇ ਬੰਦੇ ਇਸ ਸੰਸਾਰ ਵਿਚ ਜਿੱਥੇ ਵਿਕਾਰਾਂ ਦਾ ਪਹਿਰਾ ਹੈ ਬੜੇ ਘੱਟ ਵੇਖੀਦੇ ਹਨ।

46917	1093	ਆਪੈ ਨੋ ਆਪੁ ਮਿਲਿ ਰਹਿਆ ਹਉਮੈ ਦੁਬਿਧਾ ਮਾਰਿ॥		Aapai No Aap Mil Rehiaa Houmai Dhubidhhaa Maar ||	One's self remains blended with the Lord's Self, when egotism and duality are conquered.	ਉਸ ਦਾ ਆਪਾ ਹਉਮੈ ਤੇ ਮੇਰ-ਤੇਰ ਨੂੰ ਮਾਰ ਕੇ 'ਆਪੇ' ਨਾਲ ਮਿਲਿਆ ਰਹਿੰਦਾ ਹੈ।
46918	1093	ਨਾਨਕ ਨਾਮਿ ਰਤੇ ਦੁਤਰੁ ਤਰੇ ਭਉਜਲੁ ਬਿਖਮੁ ਸੰਸਾਰੁ॥੨॥	ਦੁੱਤ-ਰੁ	Naanak Naam Rathae Dhuthar Tharae Bhoujal Bikham Sansaar ||2||	O Nanak, those who are imbued with the Naam cross over the difficult, treacherous and terrifying world-ocean. ||2||	ਹੇ ਨਾਨਕ! ਜੋ ਮਨੁੱਖ ਪ੍ਰਭੂ ਦੇ ਨਾਮ ਵਿਚ ਰੰਗੇ ਜਾਂਦੇ ਹਨ ਉਹ ਇਸ ਡਰਾਉਣੇ ਸੰਸਾਰ-ਸਮੁੰਦਰ ਤੋਂ ਲੰਘ ਜਾਂਦੇ ਹਨ ਜਿਸ ਨੂੰ ਤਰਨਾ ਬੜਾ ਔਖਾ ਹੈ ॥੨॥
46919	1093	ਪਉੜੀ॥		Pourree ||	Pauree:	
46920	1093	ਮਨਮੁਖ ਅੰਦਰੁ ਨ ਭਾਲਨੀ ਮੁਠੇ ਅਹੰ ਮਤੇ॥	ਮੱਤੇ। ਮੁੱਠੇ	Manamukh Andhar N Bhaalanee Muthae Ahanmathae ||	The self-willed manmukhs do not search within their own selves; they are deluded by their egotistical pride.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਹਉਮੈ ਦੇ ਠੱਗੇ ਹੋਏ ਆਪਣਾ ਮਨ ਨਹੀਂ ਖੋਜਦੇ।
46921	1093	ਚਾਰੇ ਕੁੰਡਾਂ ਭਵਿ ਥਕੇ ਅੰਦਰਿ ਤਿਖ ਤਤੇ॥	ਤੱਤੇ	Chaarae Kunddaan Bhav Thhakae Andhar Thikh Thathae ||	Wandering in the four directions, they grow weary, tormented by burning desire within.	ਅੰਦਰੋਂ ਤ੍ਰਿਸ਼ਨਾ ਨਾਲ ਸੜੇ ਹੋਏ (ਹੋਣ ਕਰਕੇ) (ਮਾਇਆ ਦੀ ਖ਼ਾਤਰ) ਚੌਹੀਂ ਪਾਸੀਂ ਭਟਕ ਭਟਕ ਕੇ ਥੱਕ ਜਾਂਦੇ ਹਨ।

46922	1093	ਸਿੰਮ੍ਰਿਤਿ ਸਾਸਤ ਨ ਸੋਧਨੀ ਮਨਮੁਖ ਵਿਗੁਤੇ॥	ਸਿੰਮ-ਰ੍ਿਤਿ। ਵਿ-ਗੁੱਤੇ	Sinmrith Saasath N Sodhhanee Manamukh Viguthae ||	They do not study the Simritees and the Shaastras; the manmukhs waste away and are lost.	ਸਿੰਮ੍ਰਿਤੀਆਂ ਸ਼ਾਸਤ੍ਰਾਂ (ਭਾਵ, ਆਪਣੇ ਧਰਮ-ਪੁਸਤਕਾਂ) ਨੂੰ ਗਹੁ ਨਾਲ ਨਹੀਂ ਖੋਜਦੇ ਤੇ (ਧਰਮ-ਪੁਸਤਕਾਂ ਦੇ ਥਾਂ ਆਪਣੇ) ਮਨ ਦੇ ਪਿੱਛੇ ਤੁਰ ਕੇ ਖ਼ੁਆਰ ਹੁੰਦੇ ਹਨ।
46923	1093	ਬਿਨੁ ਗੁਰ ਕਿਨੈ ਨ ਪਾਇਓ ਹਰਿ ਨਾਮੁ ਹਰਿ ਸਤੇ॥	ਸੱਤੇ	Bin Gur Kinai N Paaeiou Har Naam Har Sathae ||	Without the Guru, no one finds the Naam, the Name of the True Lord.	ਸਦਾ-ਥਿਰ ਰਹਿਣ ਪਰਮਾਤਮਾ ਦਾ ਨਾਮ ਗੁਰੂ ਦੀ ਸਰਨ ਆਉਣ ਤੋਂ ਬਿਨਾ ਕਿਸੇ ਨੇ ਭੀ ਨਹੀਂ ਲੱਭਾ।
46924	1093	ਤਤੁ ਗਿਆਨੁ ਵੀਚਾਰਿਆ ਹਰਿ ਜਪਿ ਹਰਿ ਗਤੇ॥੧੯॥	ਗਤੇ: ਪੋਲਾ ਬੋਲੋ	Thath Giaan Veechaariaa Har Jap Har Gathae ||19||	One who contemplates the essence of spiritual wisdom and meditates on the Lord is saved. ||19||	ਅਸਾਂ ਅਸਲ ਵਿਚਾਰ ਦੀ ਇਹ ਗੱਲ ਲੱਭੀ ਹੈ ਕਿ ਪਰਮਾਤਮਾ ਦਾ ਨਾਮ ਜਪਿਆਂ ਹੀ ਮਨੁੱਖ ਦੀ ਆਤਮਕ ਹਾਲਤ ਸੁਧਰਦੀ ਹੈ ॥੧੯॥
46925	1093	ਸਲੋਕ ਮਃ ੨॥		Salok Ma 2 ||	Shalok, Second Mehl:	
46926	1093	ਆਪੇ ਜਾਣੈ ਕਰੇ ਆਪਿ ਆਪੇ ਆਣੈ ਰਾਸਿ॥		Aapae Jaanai Karae Aap Aapae Aanai Raas ||	He Himself knows, He Himself acts, and He Himself does it right.	ਪ੍ਰਭੂ ਆਪ ਹੀ (ਜੀਵਾਂ ਦੇ ਦਿਲਾਂ ਦੀ) ਜਾਣਦਾ ਹੈ (ਕਿਉਂਕਿ) ਉਹ ਆਪ ਹੀ (ਇਹਨਾਂ ਨੂੰ) ਪੈਦਾ ਕਰਦਾ ਹੈ, ਆਪ ਹੀ (ਜੀਵਾਂ ਦੇ ਕਾਰਜ) ਸਿਰੇ ਚਾੜ੍ਹਦਾ ਹੈ।

46927	1093	ਤਿਸੈ ਅਗੈ ਨਾਨਕਾ ਖਲਿਇ ਕੀਚੈ ਅਰਦਾਸਿ॥੧॥	ਖਲਿ-ਇ	Thisai Agai Naanakaa Khalie Keechai Aradhaas ||1||	So stand before Him, O Nanak, and offer your prayers. ||1||	(ਇਸ ਲਈ) ਹੇ ਨਾਨਕ! ਉਸ ਪ੍ਰਭੂ ਅੱਗੇ ਖਲੋ ਕੇ ਹੀ ਅਦਬ ਸਰਧਾ ਨਾਲ ਅਰਜ਼ੋਈ ਕਰਨੀ ਚਾਹੀਦੀ ਹੈ ॥੧॥
46928	1093	ਮਃ ੧॥		Ma 1 ||	First Mehl:	
46929	1093	ਜਿਨਿ ਕੀਆ ਤਿਨਿ ਦੇਖਿਆ ਆਪੇ ਜਾਣੈ ਸੋਇ॥		Jin Keeaa Thin Dhaekhiaa Aapae Jaanai Soe ||	He who created the creation, watches over it; He Himself knows.	ਜਿਸ ਪਰਮਾਤਮਾ ਨੇ ਜਗਤ ਪੈਦਾ ਕੀਤਾ ਹੈ, ਉਸ ਨੇ ਹੀ ਇਸ ਦੀ ਸੰਭਾਲ ਕੀਤੀ ਹੋਈ ਹੈ, ਉਹ ਆਪ ਹੀ (ਹਰੇਕ ਦੇ ਦਿਲ ਦੀ) ਜਾਣਦਾ ਹੈ।
46930	1093	ਕਿਸ ਨੋ ਕਹੀਐ ਨਾਨਕਾ ਜਾ ਘਰਿ ਵਰਤੈ ਸਭੁ ਕੋਇ॥੨॥		Kis No Keheeai Naanakaa Jaa Ghar Varathai Sabh Koe ||2||	Unto whom should I speak, O Nanak, when everything is contained within the home of the heart? ||2||	ਹੇ ਨਾਨਕ! ਜਦੋਂ ਹਰੇਕ ਜੀਵ (ਉਸ ਪਰਮਾਤਮਾ ਦੇ ਘਰ ਤੋਂ ਹਰੇਕ ਲੋੜ ਪੂਰੀ ਕਰਦਾ ਹੈ ਜੋ) ਹਰੇਕ ਦੇ ਹਿਰਦੇ-ਘਰ ਵਿਚ ਮੌਜੂਦ ਹੈ, ਤਾਂ ਉਸ ਤੋਂ ਬਿਨਾ ਕਿਸੇ ਹੋਰ ਅੱਗੇ ਅਰਜ਼ੋਈ ਕਰਨੀ ਵਿਅਰਥ ਹੈ ॥੨॥
46931	1093	ਪਉੜੀ॥		Pourree ||	Pauree:	
46932	1093	ਸਭੇ ਥੋਕ ਵਿਸਾਰਿ ਇਕੋ ਮਿਤੁ ਕਰਿ॥		Sabhae Thhok Visaar Eiko Mith Kar ||	Forget everything, and be friends with the One Lord alone.	ਹੋਰ ਸਭ ਚੀਜ਼ਾਂ (ਦਾ ਮੋਹ) ਵਿਸਾਰ ਕੇ ਇਕ ਪਰਮਾਤਮਾ ਨੂੰ ਹੀ ਆਪਣਾ ਮਿੱਤਰ ਬਣਾ,

46933	1093	ਮਨੁ ਤਨੁ ਹੋਇ ਨਿਹਾਲੁ ਪਾਪਾ ਦਹੈ ਹਰਿ॥	ਪਾਪਾਂ	Man Than Hoe Nihaal Paapaa Dhehai Har ||	Your mind and body shall be enraptured, and the Lord shall burn away your sins.	ਤੇਰਾ ਮਨ ਖਿੜ ਆਵੇਗਾ ਤੇਰਾ ਸਰੀਰ ਹੌਲਾ-ਫੁੱਲ ਹੋ ਜਾਇਗਾ (ਕਿਉਂਕਿ) ਪਰਮਾਤਮਾ ਸਾਰੇ ਪਾਪ ਸਾੜ ਦੇਂਦਾ ਹੈ।
46934	1093	ਆਵਣ ਜਾਣਾ ਚੁਕੈ ਜਨਮਿ ਨ ਜਾਹਿ ਮਰਿ॥		Aavan Jaanaa Chukai Janam N Jaahi Mar ||	Your comings and goings in reincarnation shall cease; you shall not be reborn and die again.	(ਜਗਤ ਵਿਚ ਤੇਰਾ) ਜੰਮਣਾ ਮਰਨਾ ਮੁੱਕ ਜਾਇਗਾ, ਤੂੰ ਮੁੜ ਮੁੜ ਨਹੀਂ ਜੰਮੇ ਮਰੇਂਗਾ।
46935	1093	ਸਚੁ ਨਾਮੁ ਆਧਾਰੁ ਸੋਗਿ ਨ ਮੋਹਿ ਜਰਿ॥		Sach Naam Aadhhaar Sog N Mohi Jar ||	The True Name shall be your Support, and you shall not burn in sorrow and attachment.	ਪ੍ਰਭੂ ਦੇ ਨਾਮ ਨੂੰ ਆਸਰਾ ਬਣਾ, ਤੂੰ ਚਿੰਤਾ ਵਿਚ ਤੇ ਮੋਹ ਵਿਚ ਨਹੀਂ ਸੜੇਂਗਾ।
46936	1093	ਨਾਨਕ ਨਾਮੁ ਨਿਧਾਨੁ ਮਨ ਮਹਿ ਸੰਜਿ ਧਰਿ॥੨੦॥		Naanak Naam Nidhhaan Man Mehi Sanj Dhhar ||20||	O Nanak, gather in the treasure of the Naam, the Name of the Lord, within your mind. ||20||	ਹੇ ਨਾਨਕ! ਪਰਮਾਤਮਾ ਦਾ ਨਾਮ-ਖ਼ਜ਼ਾਨਾ ਆਪਣੇ ਮਨ ਵਿਚ ਇਕੱਠਾ ਕਰ ਰੱਖ ॥੨੦॥
46937	1093	ਸਲੋਕ ਮਃ ੫॥		Salok Ma 5 ||	Shalok, Fifth Mehl:	
46938	1093	ਮਾਇਆ ਮਨਹੁ ਨ ਵੀਸਰੈ ਮਾਂਗੈ ਦੰਮਾ ਦੰਮ॥		Maaeiaa Manahu N Veesarai Maangai Dhanmaa Dhanm ||	You do not forget Maya from your mind; you beg for it with each and every breath.	ਹੇ ਨਾਨਕ! ਜਿਸ ਮਨੁੱਖ ਨੂੰ ਮਨੋਂ ਮਾਇਆ ਨਹੀਂ ਭੁੱਲਦੀ, ਜੋ (ਨਾਮ ਦੀ ਦਾਤ ਮੰਗਣ ਦੇ ਥਾਂ) ਸੁਆਸ-ਸੁਆਸ (ਮਾਇਆ ਹੀ) ਮੰਗਦਾ ਹੈ,

46939	1093	ਸੋ ਪ੍ਰਭੁ ਚਿਤਿ ਨ ਆਵਈ ਨਾਨਕ ਨਹੀ ਕਰੰਮ॥੧॥		So Prabh Chith N Aavee Naanak Nehee Karanm ||1||	You do not even think of that God; O Nanak, it is not in your karma. ||1||	ਜਿਸ ਨੂੰ ਉਹ ਪਰਮਾਤਮਾ ਕਦੇ ਚੇਤੇ ਨਹੀਂ ਆਉਂਦਾ (ਇਹ ਜਾਣੋ ਕਿ) ਉਸ ਦੇ ਭਾਗ ਚੰਗੇ ਨਹੀਂ ਹਨ ॥੧॥
46940	1093	ਮਃ ੫॥		Ma 5 ||	Fifth Mehl:	
46941	1093	ਮਾਇਆ ਸਾਥਿ ਨ ਚਲਈ ਕਿਆ ਲਪਟਾਵਹਿ ਅੰਧ॥	ਲਪਟਾਵ-ਹਿ	Maaeiaa Saathh N Chalee Kiaa Lapattaavehi Andhh ||	Maya and its wealth shall not go along with you, so why do you cling to it - are you blind?	ਹੇ ਅੰਨ੍ਹੇ (ਜੀਵ)! ਤੂੰ (ਮੁੜ ਮੁੜ) ਮਾਇਆ ਨੂੰ ਕਿਉਂ ਚੰਬੜਦਾ ਹੈਂ? ਇਹ ਤਾਂ ਕਦੇ ਕਿਸੇ ਦੇ ਨਾਲ ਨਹੀਂ ਜਾਂਦੀ।
46942	1093	ਗੁਰ ਕੇ ਚਰਣ ਧਿਆਇ ਤੂ ਤੂਟਹਿ ਮਾਇਆ ਬੰਧ॥੨॥		Gur Kae Charan Dhhiaae Thoo Thoottehi Maaeiaa Bandhh ||2||	Meditate on the Guru's Feet, and the bonds of Maya shall be cut away from you. ||2||	ਤੂੰ ਸਤਿਗੁਰੂ ਦੇ ਚਰਨਾਂ ਦਾ ਧਿਆਨ ਧਰ (ਭਾਵ, ਹਉਮੈ ਛੱਡ ਕੇ ਗੁਰੂ ਦਾ ਆਸਰਾ ਲੈ) (ਤਾਂ ਜੁ) ਤੇਰੀਆਂ ਇਹ ਮੁਸ਼ਕਾਂ ਜੇ ਮਾਇਆ ਨੇ ਕੱਸੀਆਂ ਹੋਈਆਂ ਹਨ ਟੁੱਟ ਜਾਣ ॥੨॥
46943	1093	ਪਉੜੀ॥		Pourree ||	Pauree:	
46944	1093	ਭਾਣੈ ਹੁਕਮੁ ਮਨਾਇਓਨੁ ਭਾਣੈ ਸੁਖੁ ਪਾਇਆ॥		Bhaanai Hukam Manaaeioun Bhaanai Sukh Paaeiaa ||	By the Pleasure of His Will, the Lord inspires us to obey the Hukam of His Command; by the Pleasure of His Will, we find peace.	ਉਸ ਪਰਮਾਤਮਾ ਨੇ (ਜਿਸ ਮਨੁੱਖ ਤੋਂ) ਆਪਣੀ ਰਜ਼ਾ ਵਿਚ ਆਪਣਾ ਹੁਕਮ ਮਨਾਇਆ ਹੈ ਉਸ ਮਨੁੱਖ ਨੇ ਰਜ਼ਾ ਵਿਚ ਰਹਿ ਕੇ ਸੁਖ ਲੱਭਾ ਹੈ।

46945	1093	ਭਾਣੈ ਸਤਿਗੁਰੁ ਮੇਲਿਓਨੁ ਭਾਣੈ ਸਚੁ ਧਿਆਇਆ॥		Bhaanai Sathigur Maelioun Bhaanai Sach Dhhiaaeiaa ||	By the Pleasure of His Will, He leads us to meet the True Guru; by the Pleasure of His Will, we meditate on the Truth.	ਉਸ ਪ੍ਰਭੂ ਨੇ ਆਪਣੀ ਰਜ਼ਾ ਵਿਚ ਜਿਸ ਮਨੁੱਖ ਨੂੰ ਗੁਰੂ ਮਿਲਾਇਆ ਹੈ ਉਹ ਮਨੁੱਖ ਰਜ਼ਾ ਵਿਚ ਰਹਿ ਕੇ 'ਨਾਮ' ਸਿਮਰਦਾ ਹੈ।
46946	1093	ਭਾਣੇ ਜੇਵਡ ਹੋਰ ਦਾਤਿ ਨਾਹੀ ਸਚੁ ਆਖਿ ਸੁਣਾਇਆ॥		Bhaanae Jaevadd Hor Dhaath Naahee Sach Aakh Sunaaeiaa ||	There is no other gift as great as the Pleasure of His Will; this Truth is spoken and proclaimed.	ਜਿਸ ਮਨੁੱਖ ਨੂੰ ਪ੍ਰਭੂ ਦੀ ਰਜ਼ਾ ਵਿਚ ਰਹਿਣਾ ਸਭ ਤੋਂ ਵੱਡੀ ਰੱਬੀ ਬਖ਼ਸ਼ਸ਼ ਪ੍ਰਤੀਤ ਹੁੰਦੀ ਹੈ ਉਹ ਆਪ 'ਨਾਮ' ਸਿਮਰਦਾ ਹੈ ਤੇ ਹੋਰਨਾਂ ਨੂੰ ਸੁਣਾਂਦਾ ਹੈ।
46947	1093	ਜਿਨ ਕਉ ਪੂਰਬਿ ਲਿਖਿਆ ਤਿਨ ਸਚੁ ਕਮਾਇਆ॥		Jin Ko Poorab Likhiaa Thin Sach Kamaaeiaa ||	Those who have such pre-ordained destiny, practice and live the Truth.	ਪਰ 'ਨਾਮ' ਸਿਮਰਦੇ ਉਹੀ ਹਨ ਜਿਨ੍ਹਾਂ ਦੇ ਮੱਥੇ ਤੇ ਧੁਰੋਂ ਮੁੱਢ ਤੋਂ ਲਿਖਿਆ ਹੋਇਆ ਹੈ (ਭਾਵ, ਜਿਨ੍ਹਾਂ ਦੇ ਅੰਦਰ ਪੂਰਬਲੇ ਕਰਮਾਂ ਅਨੁਸਾਰ ਸਿਮਰਨ ਦੇ ਸੰਸਕਾਰ ਮੌਜੂਦ ਹਨ)।
46948	1093	ਨਾਨਕ ਤਿਸੁ ਸਰਣਾਗਤੀ ਜਿਨਿ ਜਗਤੁ ਉਪਾਇਆ॥੨੧॥	ਸਰ-ਣਾਗਤੀ। ਜੱਗਤੁ	Naanak This Saranaagathee Jin Jagath Oupaaeiaa ||21||	Nanak has entered His Sanctuary; He created the world. ||21||	(ਸੋ) ਹੇ ਨਾਨਕ! ਉਸ ਪ੍ਰਭੂ ਦੀ ਸਰਨ ਵਿਚ ਰਹੁ ਜਿਸ ਨੇ ਇਹ ਸੰਸਾਰ ਪੈਦਾ ਕੀਤਾ ਹੈ ॥੨੧॥
46949	1093	ਸਲੋਕ ਮਃ ੩॥		Salok Ma 3 ||	Shalok, Third Mehl:	

46950	1093	ਜਿਨ ਕਉ ਅੰਦਰਿ ਗਿਆਨੁ ਨਹੀ ਭੈ ਕੀ ਨਾਹੀ ਬਿੰਦ॥		Jin Ko Andhar Giaan Nehee Bhai Kee Naahee Bindh ||	Those who do not have spiritual wisdom within, do not have even an iota of the Fear of God.	ਜਿਨ੍ਹਾਂ ਮਨੁੱਖਾਂ ਦੇ ਅੰਦਰ ਪਰਮਾਤਮਾ ਦਾ ਰਤਾ ਭਰ ਭੀ ਡਰ ਨਹੀਂ, ਤੇ ਜਿਨ੍ਹਾਂ ਨੂੰ ਪ੍ਰਭੂ ਨਾਲ ਜਾਣ-ਪਛਾਣ ਪ੍ਰਾਪਤ ਨਹੀਂ ਹੋਈ,
46951	1093	ਨਾਨਕ ਮੁਇਆ ਕਾ ਕਿਆ ਮਾਰਣਾ ਜਿ ਆਪਿ ਮਾਰੇ ਗੋਵਿੰਦ॥੧॥		Naanak Mueiaa Kaa Kiaa Maaranaa J Aap Maarae Govindh ||1||	O Nanak, why kill those who are already dead? The Lord of the Universe Himself has killed them. ||1||	ਹੇ ਨਾਨਕ! ਉਹ (ਆਤਮਕ ਮੌਤੇ) ਮੋਏ ਹੋਏ ਹਨ, ਉਹਨਾਂ ਨੂੰ (ਮਾਨੋ) ਰੱਬ ਨੇ ਆਪ ਮਾਰ ਦਿੱਤਾ ਹੈ, ਇਹਨਾਂ ਮੁਇਆਂ ਨੂੰ (ਏਦੂੰ ਵਧੀਕ) ਕਿਸੇ ਹੋਰ ਨੇ ਕੀਹ ਮਾਰਨਾ ਹੈ? ॥੧॥
46952	1093	ਮਃ ੩॥		Ma 3 ||	Third Mehl:	
46953	1093	ਮਨ ਕੀ ਪਤ੍ਰੀ ਵਾਚਣੀ ਸੁਖੀ ਹੂ ਸੁਖੁ ਸਾਰੁ॥	ਪੱਤ੍ਰੀ	Man Kee Pathree Vaachanee Sukhee Hoo Sukh Saar ||	To read the horoscope of the mind, is the most sublime joyful peace.	(ਲੋਕਾਂ ਨੂੰ ਥਿੱਤਾਂ ਆਦਿਕ ਦੱਸਣ ਲਈ ਪੱਤ੍ਰੀ ਪੜ੍ਹਨ ਦੇ ਥਾਂ) ਆਪਣੇ ਮਨ ਦੀ ਪੱਤ੍ਰੀ ਪੜ੍ਹਨੀ ਚਾਹੀਦੀ ਹੈ (ਕਿ ਇਸ ਦੀ ਕੇਹੜੇ ਵੇਲੇ ਕੀਹ ਹਾਲਤ ਹੈ; ਇਹ ਪੱਤ੍ਰੀ ਵਾਚਣ ਨਾਲ) ਸਭ ਤੋਂ ਸ੍ਰੇਸ਼ਟ ਸੁਖ ਮਿਲਦਾ ਹੈ।
46954	1093	ਸੋ ਬ੍ਰਾਹਮਣੁ ਭਲਾ ਆਖੀਐ ਜਿ ਬੂਝੈ ਬ੍ਰਹਮੁ ਬੀਚਾਰੁ॥		So Braahaman Bhalaa Aakheeai J Boojhai Breham Beechaar ||	He alone is called a good Brahmin, who understands God in contemplative meditation.	(ਜੋ ਥਿੱਤਾਂ ਦੀ ਭਲਾਈ ਬੁਰਾਈ ਵਿਚਾਰਨ ਦੇ ਥਾਂ) ਰੱਬੀ ਵਿਚਾਰ ਨੂੰ ਸਮਝਦਾ ਹੈ ਉਸ ਬ੍ਰਾਹਮਣ ਨੂੰ ਚੰਗਾ ਜਾਣੋ।

46955	1093	ਹਰਿ ਸਾਲਾਹੇ ਹਰਿ ਪੜੈ ਗੁਰ ਕੈ ਸਬਦਿ ਵੀਚਾਰਿ॥	ਪੜ੍ਹੈ	Har Saalaahae Har Parrai Gur Kai Sabadh Veechaar ||	He praises the Lord, and reads of the Lord, and contemplates the Word of the Guru's Shabad.	ਜੋ (ਬ੍ਰਾਹਮਣ) ਗੁਰੂ ਦੇ ਸ਼ਬਦ ਦੀ ਰਾਹੀਂ ਵਿਚਾਰ ਕਰ ਕੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ ਪ੍ਰਭੂ ਦਾ ਨਾਮ ਪੜ੍ਹਦਾ ਹੈ,
46956	1094	ਆਇਆ ਓਹੁ ਪਰਵਾਣੁ ਹੈ ਜਿ ਕੁਲ ਕਾ ਕਰੇ ਉਧਾਰੁ॥		Aaeiaa Ouhu Paravaan Hai J Kul Kaa Karae Oudhhaar ||	Celebrated and approved is the coming into the world of such a person, who saves all his generations as well.	(ਤੇ ਇਸ ਤਰ੍ਹਾਂ) ਆਪਣੀ ਕੁਲ ਦਾ ਭੀ ਪਾਰ-ਉਤਾਰਾ ਕਰਦਾ ਹੈ ਉਸ ਦਾ ਜਗਤ ਵਿਚ ਆਉਣਾ ਸਫਲ ਹੈ।
46957	1094	ਅਗੈ ਜਾਤਿ ਨ ਪੁਛੀਐ ਕਰਣੀ ਸਬਦੁ ਹੈ ਸਾਰੁ॥		Agai Jaath N Pushheeai Karanee Sabadh Hai Saar ||	Hereafter, no one is questioned about social status; excellent and sublime is the practice of the Word of the Shabad.	ਪ੍ਰਭੂ ਦੀ ਹਜ਼ੂਰੀ ਵਿਚ (ਉੱਚੀ) ਜਾਤਿ ਦੀ ਪੁੱਛ-ਗਿੱਛ ਨਹੀਂ ਹੁੰਦੀ, ਓਥੇ ਤਾਂ (ਸਿਫ਼ਤ-ਸਾਲਾਹ ਦੀ) ਬਾਣੀ (ਦਾ ਅੱਭਿਆਸ) ਹੀ ਸ੍ਰੇਸ਼ਟ ਕਰਨੀ (ਮਿਥੀ ਜਾਂਦੀ) ਹੈ,
46958	1094	ਹੋਰੁ ਕੂੜੁ ਪੜਣਾ ਕੂੜੁ ਕਮਾਵਣਾ ਬਿਖਿਆ ਨਾਲਿ ਪਿਆਰੁ॥	ਪੜ੍ਹਣਾ	Hor Koorr Parranaa Koorr Kamaavanaa Bikhiaa Naal Piaar ||	Other study is false, and other actions are false; such people are in love with poison.	(ਸਿਫ਼ਤ-ਸਾਲਾਹ ਤੋਂ ਬਿਨਾ) ਹੋਰ ਪੜ੍ਹਨਾ ਤੇ ਕਮਾਣਾ ਵਿਅਰਥ ਹੈ, ਮਾਇਆ ਨਾਲ ਹੀ ਪਿਆਰ (ਵਧਾਂਦਾ) ਹੈ।

46959	1094	ਅੰਦਰਿ ਸੁਖੁ ਨ ਹੋਵਈ ਮਨਮੁਖ ਜਨਮੁ ਖੁਆਰੁ॥		Andhar Sukh N Hovee Manamukh Janam Khuaar ||	They do not find any peace within themselves; the self-willed manmukhs waste away their lives.	(ਉਸ ਪੜ੍ਹਾਈ ਤੇ ਕਮਾਈ ਨਾਲ) ਮਨ ਵਿਚ ਸੁਖ ਨਹੀਂ ਹੁੰਦਾ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੀ ਜ਼ਿੰਦਗੀ ਹੀ ਔਤਰ ਜਾਂਦੀ ਹੈ।
46960	1094	ਨਾਨਕ ਨਾਮਿ ਰਤੇ ਸੇ ਉਬਰੇ ਗੁਰ ਕੈ ਹੇਤਿ ਅਪਾਰਿ॥੨॥		Naanak Naam Rathae Sae Oubarae Gur Kai Haeth Apaar ||2||	O Nanak, those who are attuned to the Naam are saved; they have infinite love for the Guru. ||2||	ਹੇ ਨਾਨਕ! ਜੋ ਮਨੁੱਖ ਗੁਰੂ (ਦੇ ਚਰਨਾਂ) ਵਿਚ ਬਹੁਤ ਪ੍ਰੇਮ ਕਰ ਕੇ ਪ੍ਰਭੂ ਦੇ ਨਾਮ ਵਿਚ ਰੰਗੇ ਜਾਂਦੇ ਹਨ ਉਹ ('ਬਿਖਿਆ' ਦੇ ਅਸਰ ਤੋਂ) ਬਚ ਜਾਂਦੇ ਹਨ ॥੨॥
46961	1094	ਪਉੜੀ॥		Pourree ||	Pauree:	
46962	1094	ਆਪੇ ਕਰਿ ਕਰਿ ਵੇਖਦਾ ਆਪੇ ਸਭੁ ਸਚਾ॥		Aapae Kar Kar Vaekhadhaa Aapae Sabh Sachaa ||	He Himself creates the creation, and gazes upon it; He Himself is totally True.	ਪ੍ਰਭੂ ਆਪ ਹੀ (ਜੀਵਾਂ ਨੂੰ) ਪੈਦਾ ਕਰ ਕੇ ਆਪ ਹੀ ਸੰਭਾਲ ਕਰਦਾ ਹੈ (ਕਿਉਂਕਿ) ਉਹ ਸਦਾ-ਥਿਰ ਰਹਿਣ ਵਾਲਾ ਪ੍ਰਭੂ ਹਰ ਥਾਂ ਆਪ ਹੀ (ਮੌਜੂਦ) ਹੈ।
46963	1094	ਜੋ ਹੁਕਮੁ ਨ ਬੂਝੈ ਖਸਮ ਕਾ ਸੋਈ ਨਰੁ ਕਚਾ॥	ਕੱਚਾ	Jo Hukam N Boojhai Khasam Kaa Soee Nar Kachaa ||	One who does not understand the Hukam, the Command of his Lord and Master, is false.	ਪਰ ਜੋ ਮਨੁੱਖ (ਪ੍ਰਭੂ ਦੀ ਇਸ ਹਰ ਥਾਂ ਮੌਜੂਦ ਹੋਣ ਦੀ) ਰਜ਼ਾ ਨੂੰ ਨਹੀਂ ਸਮਝਦਾ, ਉਹ ਮਨੁੱਖ ਡੋਲਦਾ ਰਹਿੰਦਾ ਹੈ।
46964	1094	ਜਿਤੁ ਭਾਵੈ ਤਿਤੁ ਲਾਇਦਾ ਗੁਰਮੁਖਿ ਹਰਿ ਸਚਾ॥	ਸੱਚਾ	Jith Bhaavai Thith Laaeidhaa Guramukh Har Sachaa ||	By the Pleasure of His Will, the True Lord joins the Gurmukh to Himself.	ਜਿਸ ਪਾਸੇ ਪ੍ਰਭੂ ਦੀ ਰਜ਼ਾ ਹੋਵੇ ਉਸੇ ਪਾਸੇ (ਹਰੇਕ ਜੀਵ ਨੂੰ) ਲਾਂਦਾ ਹੈ, ਜਿਸ ਨੂੰ ਗੁਰੂ ਦੇ ਸਨਮੁਖ ਕਰਦਾ ਹੈ ਉਹ ਪ੍ਰਭੂ ਦਾ ਹੀ ਰੂਪ ਹੋ ਜਾਂਦਾ ਹੈ।

46965	1094	ਸਭਨਾ ਕਾ ਸਾਹਿਬੁ ਏਕੁ ਹੈ ਗੁਰ ਸਬਦੀ ਰਚਾ॥	ਰਚਾ: ਪੋਲਾ ਬੋਲੋ	Sabhanaa Kaa Saahib Eaek Hai Gur Sabadhee Rachaa ||	He is the One Lord and Master of all; through the Word of the Guru's Shabad, we are blended with Him.	(ਉਂਞ ਤਾਂ) ਸਭ ਜੀਵਾਂ ਦਾ ਮਾਲਕ ਇਕ ਪਰਮਾਤਮਾ ਹੀ ਹੈ, ਪਰ ਗੁਰੂ ਦੇ ਸ਼ਬਦ ਦੀ ਰਾਹੀਂ ਹੀ (ਉਸ ਵਿਚ) ਜੁੜਿਆ ਜਾ ਸਕਦਾ ਹੈ।
46966	1094	ਗੁਰਮੁਖਿ ਸਦਾ ਸਲਾਹੀਐ ਸਭਿ ਤਿਸ ਦੇ ਜਚਾ॥		Guramukh Sadhaa Salaaheeai Sabh This Dhae Jachaa ||	The Gurmukhs praise Him forever; all are beggars of Him.	(ਸੋ) ਗੁਰੂ ਦੇ ਸਨਮੁਖ ਹੋ ਕੇ ਉਸ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ। (ਜਗਤ ਦੇ ਇਹ) ਸਾਰੇ ਕੌਤਕ ਉਸ ਮਾਲਕ ਦੇ ਹੀ ਹਨ।
46967	1094	ਜਿਉ ਨਾਨਕ ਆਪਿ ਨਚਾਇਦਾ ਤਿਵ ਹੀ ਕੋ ਨਚਾ॥੨੨॥੧॥ ਸੁਧੁ॥	ਨੱਚਾਇਦਾਨੱਚਾ।ਸੁੱਧੁ	Jio Naanak Aap Nachaaeidhaa Thiv Hee Ko Nachaa ||22||1|| Sudhh ||	O Nanak, as He Himself makes us dance, we dance. ||22||1|| Sudh||	ਹੇ ਨਾਨਕ! ਜਿਵੇਂ ਉਹ ਆਪ ਜੀਵ ਨੂੰ ਨਚਾਂਦਾ ਹੈ ਤਿਵੇਂ ਜੀਵ ਨੱਚਦਾ ਹੈ ॥੨੨॥੧॥ਸੁਧੁ ॥
46968	1094	ਮਾਰੂ ਵਾਰ ਮਹਲਾ ੫ ਡਖਣੇ ਮਃ ੫	ਡੱਖਣੇ	Maaroo Vaar Mehalaa 5 Ddakhanae Ma 5	Vaar Of Maaroo, Fifth Mehl, Dakhanay, Fifth Mehl:	ਰਾਗ ਮਾਰੂ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਵਾਰ-ਡਖਣੇ'।
46969	1094	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

46970	1094	ਤੂ ਚਉ ਸਜਣ ਮੈਡਿਆ ਡੇਈ ਸਿਸੁ ਉਤਾਰਿ॥	(ਚਉ) ਹੁਕਮ ਕਹੋ ਜੀ। (ਮੈਡਿਆ) ਦਾਸਨ ਦਾਸ ਦੇ। (ਡੇਈ) ਦਿਆਂ। (ਸਿਸੁ) ਸਿਰ। ਸਿਸੁ:ਪੋਲਾ ਬੋਲੋ	Thoo Cho Sajan Maiddiaa Ddaeee Sis Outhaar ||	If You tell me to, O my Friend, I will cut off my head and give it to You.	ਹੇ ਮੇਰੇ ਸੱਜਣ! ਤੂੰ ਆਖ (ਭਾਵ, ਜੇ ਤੂੰ ਆਖੇਂ ਤਾਂ) ਮੈਂ ਆਪਣਾ ਸਿਰ ਭੀ ਲਾਹ ਕੇ ਭੇਟ ਕਰ ਦਿਆਂ,
46971	1094	ਨੈਣ ਮਹਿੰਜੇ ਤਰਸਦੇ ਕਦਿ ਪਸੀ ਦੀਦਾਰੁ॥੧॥	ਮ-ਹਿੰਜੇ। ਪੱਸੀ	Nain Mehinjae Tharasadhae Kadh Pasee Dheedhaar ||1||	My eyes long for You; when will I see Your Vision? ||1||	ਮੇਰੀਆਂ ਅੱਖਾਂ ਤਰਸ ਰਹੀਆਂ ਹਨ, ਮੈਂ ਕਦੋਂ ਤੇਰਾ ਦਰਸਨ ਕਰਾਂਗੀ ॥੧॥
46972	1094	ਮਃ ੫॥		Ma 5 ||	Fifth Mehl:	
46973	1094	ਨੀਹੁ ਮਹਿੰਜਾ ਤਉ ਨਾਲਿ ਬਿਆ ਨੇਹ ਕੂੜਾਵੇ ਡੇਖੁ॥	(ਨੀਹੁ) ਪ੍ਰੇਮ (ਮਹਿੰਜਾ) ਦਾਸਨ ਦਾਸ ਦਾ। ਬਿਆਦੂਜਾ, ਹੋਰ	Neehu Mehinjaa Thoo Naal Biaa Naeh Koorraavae Ddaekh ||	I am in love with You; I have seen that other love is false.	ਹੇ ਪ੍ਰਭੂ! ਮੇਰਾ ਪਿਆਰ (ਹੁਣ ਸਿਰਫ਼) ਤੇਰੇ ਨਾਲ ਹੈ, ਦੂਜੇ ਪਿਆਰ ਮੈਂ ਝੂਠੇ ਵੇਖ ਲਏ ਹਨ (ਮੈਂ ਵੇਖ ਲਿਆ ਹੈ ਕਿ ਦੂਜੇ ਪਿਆਰ ਝੂਠੇ ਹਨ)।
46974	1094	ਕਪੜ ਭੋਗ ਡਰਾਵਣੇ ਜਿਚਰੁ ਪਿਰੀ ਨ ਡੇਖੁ॥੨॥		Kaparr Bhog Ddaraavanae Jichar Piree N Ddaekh ||2||	Even clothes and food are frightening to me, as long as I do not see my Beloved. ||2||	ਜਿਤਨਾ ਚਿਰ ਮੈਨੂੰ ਪਤੀ ਦਾ ਦਰਸ਼ਨ ਨਹੀਂ ਹੁੰਦਾ, ਦੁਨੀਆ ਵਾਲੇ ਖਾਣੇ ਪਹਿਨਣੇ ਮੈਨੂੰ ਡਰਾਉਣ ਲੱਗਦੇ ਹਨ ॥੨॥
46975	1094	ਮਃ ੫॥		Ma 5 ||	Fifth Mehl:	
46976	1094	ਉਠੀ ਝਾਲੂ ਕੰਤੜੇ ਹਉ ਪਸੀ ਤਉ ਦੀਦਾਰੁ॥		Outhee Jhaaloo Kantharrae Ho Pasee Tho Dheedhaar ||	I rise early, O my Husband Lord, to behold Your Vision.	ਹੇ ਸੋਹਣੇ ਕੰਤ! ਸਵੇਰੇ ਉੱਠਾਂ ਤੇ (ਪਹਿਲਾਂ) ਤੇਰਾ ਦਰਸਨ ਕਰਾਂ।

46977	1094	ਕਾਜਲੁ ਹਾਰੁ ਤਮੋਲ ਰਸੁ ਬਿਨੁ ਪਸੇ ਹਭਿ ਰਸ ਛਾਰੁ॥੩॥	(ਪੱਸੇ) ਦਰਸਨ ਦੇਖੇ (ਹਭਿ) ਸਾਰੇ। ਕੱਾਜਲੁ	Kaajal Haar Thamol Ras Bin Pasae Habh Ras Shhaar ||3||	Eye make-up, garlands of flowers, and the flavor of betel leaf, are all nothing but dust, without seeing You. ||3||	ਤੇਰਾ ਦਰਸਨ ਕਰਨ ਤੋਂ ਬਿਨਾ ਕੱਜਲ ਹਾਰ ਪਾਨ ਦਾ ਰਸ-ਇਹ ਸਾਰੇ ਹੀ ਰਸ ਸੁਆਹ ਸਮਾਨ ਹਨ ॥੩॥
46978	1094	ਪਉੜੀ॥		Pourree ||	Pauree:	
46979	1094	ਤੂ ਸਚਾ ਸਾਹਿਬੁ ਸਚੁ ਸਚੁ ਸਭੁ ਧਾਰਿਆ॥		Thoo Sachaa Saahib Sach Sach Sabh Dhhaariaa ||	You are True, O my True Lord and Master; You uphold all that is true.	ਹੇ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਮਾਲਕ ਹੈਂ, ਅਤੇ ਤੂੰ ਆਪਣਾ ਅਟੱਲ ਨਿਯਮ ਹੀ ਹਰ ਥਾਂ ਕਾਇਮ ਕੀਤਾ ਹੋਇਆ ਹੈ।
46980	1094	ਗੁਰਮੁਖਿ ਕੀਤੋ ਥਾਟੁ ਸਿਰਜਿ ਸੰਸਾਰਿਆ॥		Guramukh Keetho Thhaatt Siraj Sansaariaa ||	You created the world, making a place for the Gurmukhs.	ਜਗਤ ਪੈਦਾ ਕਰ ਕੇ ਤੂੰ ਇਹ ਨਿਯਮ ਭੀ ਬਣਾ ਦਿੱਤਾ ਕਿ (ਜੀਵਾਂ ਨੂੰ) ਗੁਰੂ ਦੇ ਦੱਸੇ ਰਸਤੇ ਉਤੇ ਤੁਰਨਾ ਚਾਹੀਦਾ ਹੈ।
46981	1094	ਹਰਿ ਆਗਿਆ ਹੋਏ ਬੇਦ ਪਾਪੁ ਪੁੰਨੁ ਵੀਚਾਰਿਆ॥		Har Aagiaa Hoeae Baedh Paap Punn Veechaariaa ||	By the Will of the Lord, the Vedas came into being; they discriminate between sin and virtue.	ਹੇ ਹਰੀ! ਤੇਰੀ ਹੀ ਆਗਿਆ ਅਨੁਸਾਰ ਵੇਦ (ਆਦਿਕ ਧਰਮ-ਪੁਸਤਕਾਂ ਪਰਗਟ) ਹੋਏ, ਜਿਨ੍ਹਾਂ ਨੇ (ਜਗਤ ਵਿਚ) ਪਾਪ ਤੇ ਪੁੰਨ ਨੂੰ ਨਿਖੇੜਿਆ ਹੈ।
46982	1094	ਬ੍ਰਹਮਾ ਬਿਸਨੁ ਮਹੇਸੁ ਤ੍ਰੈ ਗੁਣ ਬਿਸਥਾਰਿਆ॥		Brehamaa Bisan Mehaes Thrai Gun Bisathhaariaa ||	You created Brahma, Vishnu and Shiva, and the expanse of the three qualities.	ਤੂੰ ਹੀ ਬ੍ਰਹਮਾ ਵਿਸ਼ਨੂੰ ਤੇ ਸ਼ਿਵ ਨੂੰ ਪੈਦਾ ਕੀਤਾ, ਤੂੰ ਹੀ ਮਾਇਆ ਦੇ ਤਿੰਨ ਗੁਣਾਂ ਦਾ ਖਿਲਾਰਾ-ਰੂਪ ਜਗਤ ਬਣਾਇਆ ਹੈ।

46983	1094	ਨਵ ਖੰਡ ਪ੍ਰਿਥਮੀ ਸਾਜਿ ਹਰਿ ਰੰਗ ਸਵਾਰਿਆ॥		Nav Khandd Prithhamee Saaj Har Rang Savaariaa ||	Creating the world of the nine regions, O Lord, You have embellished it with beauty.	ਹੇ ਹਰੀ! ਇਹ ਨੌ ਹਿੱਸਿਆਂ ਵਾਲੀ ਧਰਤੀ ਸਾਜ ਕੇ ਤੂੰ ਇਸ ਵਿਚ ਅਨੇਕਾਂ ਰੰਗ ਸਜਾਏ ਹਨ।
46984	1094	ਵੇਕੀ ਜੰਤ ਉਪਾਇ ਅੰਤਰਿ ਕਲ ਧਾਰਿਆ॥	ਵੇੱਕੀਂ।ਕਲ: ਪੋਲਾ ਬੋਲੋ	Vaekee Janth Oupaae Anthar Kal Dhhaariaa ||	Creating the beings of various kinds, You infused Your power into them.	ਵਖ ਵਖ ਭਾਂਤ ਦੇ ਜੀਵ ਪੈਦਾ ਕਰ ਕੇ ਤੂੰ (ਜੀਵਾਂ ਦੇ ਅੰਦਰ) ਆਪਣੀ ਸੱਤਿਆ ਕਾਇਮ ਕੀਤੀ ਹੈ।
46985	1094	ਤੇਰਾ ਅੰਤੁ ਨ ਜਾਣੈ ਕੋਇ ਸਚੁ ਸਿਰਜਣਹਾਰਿਆ॥		Thaeraa Anth N Jaanai Koe Sach Sirajanehaariaa ||	No one knows Your limit, O True Creator Lord.	ਹੇ ਸਦਾ-ਥਿਰ ਸਿਰਜਣਹਾਰ! ਕੋਈ ਜੀਵ (ਤੇਰੇ ਗੁਣਾਂ ਦਾ) ਅੰਤ ਨਹੀਂ ਜਾਣ ਸਕਦਾ।
46986	1094	ਤੂ ਜਾਣਹਿ ਸਭ ਬਿਧਿ ਆਪਿ ਗੁਰਮੁਖਿ ਨਿਸਤਾਰਿਆ॥੧॥		Thoo Jaanehi Sabh Bidhh Aap Guramukh Nisathaariaa ||1||	You Yourself know all ways and means; You Yourself save the Gurmukhs. ||1||	ਸਭ ਤਰ੍ਹਾਂ ਦੇ ਭੇਤ ਤੂੰ ਆਪ ਹੀ ਜਾਣਦਾ ਹੈਂ, ਜੀਵਾਂ ਨੂੰ ਤੂੰ ਗੁਰੂ ਦੇ ਰਸਤੇ ਉਤੇ ਤੋਰ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਉਂਦਾ ਹੈਂ ॥੧॥
46987	1094	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	
46988	1094	ਜੇ ਤੂ ਮਿਤ੍ਰੁ ਅਸਾਡੜਾ ਹਿਕ ਭੋਰੀ ਨਾ ਵੇਛੋੜਿ॥	ਹਿੱਕ	Jae Thoo Mithra Asaaddarraa Hik Bhoree Naa Vaeshhorr ||	If You are my friend then don't separate Yourself from me even for an instant.	ਜੇ ਤੂੰ ਮੇਰਾ ਮਿਤ੍ਰ ਹੈਂ, ਤਾਂ ਮੈਨੂੰ ਰਤਾ ਭਰ ਭੀ (ਆਪਣੇ ਨਾਲੋਂ) ਨਾਹ ਵਿਛੋੜ।

46989	1094	ਜੀਉ ਮਹਿੰਜਾ ਤਉ ਮੋਹਿਆ ਕਦਿ ਪਸੀ ਜਾਨੀ ਤੋਹਿ॥੧॥		Jeeo Mehinjaa Tho Mohiaa Kadh Pasee Jaanee Thohi ||1||	My soul is fascinated and enticed by You; when will I see You, O my Love? ||1||	ਮੇਰੀ ਜਿੰਦ ਤੂੰ (ਆਪਣੇ ਪਿਆਰ ਵਿਚ) ਮੋਹ ਲਈ ਹੈ (ਹੁਣ ਹਰ ਵੇਲੇ ਮੈਨੂੰ ਤਾਂਘ ਰਹਿੰਦੀ ਹੈ ਕਿ) ਹੇ ਪਿਆਰੇ! ਮੈਂ ਕਦੋਂ ਤੈਨੂੰ ਵੇਖਾਂ ॥੧॥
46990	1094	ਮਃ ੫॥		Ma 5 ||	Fifth Mehl:	
46991	1094	ਦੁਰਜਨ ਤੂ ਜਲੁ ਭਾਹੜੀ ਵਿਛੋੜੇ ਮਰਿ ਜਾਹਿ॥		Dhurajan Thoo Jal Bhaaharree Vishhorrae Mar Jaahi ||	Burn in the fire, you evil person; O separation, be dead.	ਹੇ ਦੁਰਜਨ! ਤੂੰ ਅੱਗ ਵਿਚ ਸੜ ਜਾ, ਹੇ ਵਿਛੋੜੇ! ਤੂੰ ਮਰ ਜਾ।
46992	1094	ਕੰਤਾ ਤੂ ਸਉ ਸੇਜੜੀ ਮੈਡਾ ਹਭੋ ਦੁਖੁ ਉਲਾਹਿ॥੨॥	ਸਉਂ, ਹੱਭੋ	Kanthaa Thoo So Saejarree Maiddaa Habho Dhukh Oulaahi ||2||	O my Husband Lord, please sleep upon my bed, that all my sufferings may be gone. ||2||	ਹੇ (ਮੇਰੇ) ਕੰਤ! ਤੂੰ (ਮੇਰੀ ਹਿਰਦਾ-) ਸੇਜ ਉਤੇ (ਆ ਕੇ) ਸੌਂ ਤੇ ਮੇਰਾ ਸਾਰਾ ਦੁੱਖ ਦੂਰ ਕਰ ਦੇ ॥੨॥
46993	1094	ਮਃ ੫॥		Ma 5 ||	Fifth Mehl:	
46994	1094	ਦੁਰਜਨੁ ਦੂਜਾ ਭਾਉ ਹੈ ਵੇਛੋੜਾ ਹਉਮੈ ਰੋਗੁ॥		Dhurajan Dhoojaa Bhaao Hai Vaeshhorraa Houmai Rog ||	The evil person is engrossed in the love of duality; through the disease of egotism, he suffers separation.	(ਪ੍ਰਭੂ ਤੋਂ ਬਿਨਾ) ਕਿਸੇ ਹੋਰ ਨਾਲ ਪਿਆਰ (ਜਿੰਦ ਦਾ ਵੱਡਾ) ਵੈਰੀ ਹੈ, ਹਉਮੈ ਦਾ ਰੋਗ (ਪ੍ਰਭੂ ਨਾਲੋਂ) ਵਿਛੋੜਾ (ਪਾਣ ਵਾਲਾ) ਹੈ।

46995	1094	ਸਜਣੁ ਸਚਾ ਪਾਤਿਸਾਹੁ ਜਿਸੁ ਮਿਲਿ ਕੀਚੈ ਭੋਗੁ॥੩॥		Sajan Sachaa Paathisaahu Jis Mil Keechai Bhog ||3||	The True Lord King is my friend; meeting with Him, I am so happy. ||3||	ਸਦਾ ਕਾਇਮ ਰਹਿਣ ਵਾਲਾ ਪ੍ਰਭੂ ਪਾਤਿਸ਼ਾਹ (ਜਿੰਦ ਦਾ) ਮਿਤ੍ਰ ਹੈ ਜਿਸ ਨੂੰ ਮਿਲ ਕੇ (ਆਤਮਕ) ਆਨੰਦ ਮਾਣਿਆ ਜਾ ਸਕਦਾ ਹੈ ॥੩॥
46996	1094	ਪਉੜੀ॥		Pourree ||	Pauree:	
46997	1094	ਤੂ ਅਗਮ ਦਇਆਲੁ ਬੇਅੰਤੁ ਤੇਰੀ ਕੀਮਤਿ ਕਹੈ ਕਉਣੁ॥		Thoo Agam Dhaeiaal Baeanth Thaeree Keemath Kehai Koun ||	You are inaccessible, merciful and infinite; who can estimate Your worth?	ਹੇ ਪ੍ਰਭੂ! ਤੂੰ ਅਪਹੁੰਚ ਹੈਂ ਦਇਆਲ ਤੇ ਬੇਅੰਤ ਹੈਂ, ਕੋਈ ਜੀਵ ਤੇਰਾ ਮੁੱਲ ਨਹੀਂ ਪਾ ਸਕਦਾ।
46998	1094	ਤੁਧੁ ਸਿਰਜਿਆ ਸਭੁ ਸੰਸਾਰੁ ਤੂ ਨਾਇਕੁ ਸਗਲ ਭਉਣ॥		Thudhh Sirajiaa Sabh Sansaar Thoo Naaeik Sagal Bhoun ||	You created the entire universe; You are the Master of all the worlds.	ਇਹ ਸਾਰਾ ਜਗਤ ਤੂੰ ਹੀ ਪੈਦਾ ਕੀਤਾ ਹੈ, ਤੇ ਸਾਰੇ ਭਵਨਾਂ ਦਾ ਤੂੰ ਹੀ ਮਾਲਕ ਹੈਂ।
46999	1094	ਤੇਰੀ ਕੁਦਰਤਿ ਕੋਇ ਨ ਜਾਣੈ ਮੇਰੇ ਠਾਕੁਰ ਸਗਲ ਰਉਣ॥		Thaeree Kudharath Koe N Jaanai Maerae Thaakur Sagal Roun ||	No one knows Your creative power, O my all-pervading Lord and Master.	ਹੇ ਮੇਰੇ ਸਰਬ-ਵਿਆਪਕ ਮਾਲਕ! ਕੋਈ ਜੀਵ ਤੇਰੀ ਤਾਕਤ ਦਾ ਅੰਦਾਜ਼ਾ ਨਹੀਂ ਲਾ ਸਕਦਾ।

47000	1094	ਤੁਧੁ ਅਪੜਿ ਕੋਇ ਨ ਸਕੈ ਤੂ ਅਬਿਨਾਸੀ ਜਗ ਉਧਰਣ॥	ਅੱਪੜਿ। ਪਾਪਾਂ ਤੋਂ (ਉ-ਧਰਣ) ਉਧਾਰਨ ਵਾਲੇ ਹੋਂ	Thudhh Aparr Koe N Sakai Thoo Abinaasee Jag Oudhharan ||	No one can equal You; You are imperishable and eternal, the Savior of the world.	ਹੇ ਜਗਤ ਉੱਧਾਰਣ ਵਾਲੇ ਅਬਿਨਾਸੀ ਪ੍ਰਭੂ! ਕੋਈ ਜੀਵ ਤੇਰੀ ਬਰਾਬਰੀ ਨਹੀਂ ਕਰ ਸਕਦਾ।
47001	1095	ਤੁਧੁ ਥਾਪੇ ਚਾਰੇ ਜੁਗ ਤੂ ਕਰਤਾ ਸਗਲ ਧਰਣ॥		Thudhh Thhaapae Chaarae Jug Thoo Karathaa Sagal Dhharan ||	You established the four ages; You are the Creator of all worlds.	ਹੇ ਪ੍ਰਭੂ! ਸਾਰੀਆਂ ਧਰਤੀਆਂ ਤੂੰ ਹੀ ਬਣਾਈਆਂ ਹਨ ਇਹ ਚਾਰੇ ਜੁੱਗ ਤੇਰੇ ਹੀ ਬਣਾਏ ਹੋਏ ਹਨ (ਸਮਾ ਬਣਾਣ ਵਾਲਾ ਤੇ ਸਮੇ ਦੀ ਵੰਡ ਕਰਨ ਵਾਲਾ ਤੂੰ ਹੀ ਹੈਂ)।
47002	1095	ਤੁਧੁ ਆਵਣ ਜਾਣਾ ਕੀਆ ਤੁਧੁ ਲੇਪੁ ਨ ਲਗੈ ਤ੍ਰਿਣ॥		Thudhh Aavan Jaanaa Keeaa Thudhh Laep N Lagai Thrin ||	You created the comings and goings of reincarnation; not even a particle of filth sticks to You.	(ਜੀਵਾਂ ਵਾਸਤੇ) ਜਨਮ ਮਰਨ ਦਾ ਗੇੜ ਤੂੰ ਹੀ ਬਣਾਇਆ ਹੈ, (ਜਨਮ ਮਰਨ ਦੇ ਗੇੜ ਦਾ) ਰਤਾ ਭੀ ਪ੍ਰਭਾਵ ਤੇਰੇ ਉਤੇ ਨਹੀਂ ਪੈਂਦਾ।
47003	1095	ਜਿਸੁ ਹੋਵਹਿ ਆਪਿ ਦਇਆਲੁ ਤਿਸੁ ਲਾਵਹਿ ਸਤਿਗੁਰ ਚਰਣ॥		Jis Hovehi Aap Dhaeiaal This Laavehi Sathigur Charan ||	As you are merciful, You attach us to the Feet of the True Guru.	ਹੇ ਪ੍ਰਭੂ! ਜਿਸ ਜੀਵ ਉਤੇ ਤੂੰ ਦਿਆਲ ਹੁੰਦਾ ਹੈਂ ਉਸ ਨੂੰ ਗੁਰੂ ਦੀ ਚਰਨੀਂ ਲਾਂਦਾ ਹੈਂ,

47004	1095	ਤੂ ਹੋਰਤੁ ਉਪਾਇ ਨ ਲਭਹੀ ਅਬਿਨਾਸੀ ਸ੍ਰਿਸਟਿ ਕਰਣ॥੨॥		Thoo Horath Oupaae N Labhehee Abinaasee Srisatt Karan ||2||	You cannot be found by any other efforts; You are the eternal, imperishable Creator of the Universe. ||2||	(ਕਿਉਂਕਿ) ਹੇ ਸ੍ਰਿਸ਼ਟੀ-ਕਰਤਾ ਅਬਿਨਾਸ਼ੀ ਪ੍ਰਭੂ! (ਗੁਰੂ ਦੀ ਸਰਨ ਤੋਂ ਬਿਨਾ) ਹੋਰ ਕਿਸੇ ਭੀ ਉਪਾਵ ਨਾਲ ਤੂੰ ਮਿਲ ਨਹੀਂ ਸਕਦਾ ॥੨॥
47005	1095	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	
47006	1095	ਜੇ ਤੂ ਵਤਹਿ ਅੰਞਣੇ ਹਭ ਧਰਤਿ ਸੁਹਾਵੀ ਹੋਇ॥		Jae Thoo Vathehi Ann(g)anae Habh Dharath Suhaavee Hoe ||	If You come into my courtyard, all the earth becomes beautiful.	ਹੇ ਪ੍ਰਭੂ-ਕੰਤ! ਜੇ ਤੂੰ ਮੇਰੇ (ਹਿਰਦੇ-) ਵੇਹੜੇ ਵਿਚ ਆ ਜਾਏਂ, ਤਾਂ ਮੇਰਾ ਸਾਰਾ ਸਰੀਰ ਹੀ ਸੋਹਣਾ ਹੋ ਜਾਂਦਾ ਹੈ।
47007	1095	ਹਿਕਸੁ ਕੰਤੈ ਬਾਹਰੀ ਮੈਡੀ ਵਾਤ ਨ ਪੁਛੈ ਕੋਇ॥੧॥	(ਹਿੱਕਸੁ) ਇੱਕ ਕੰਤੈ ਪਤੀ ਜੀ (ਬਾਹਰੀ) ਬਿਨਾ।ਮੈਂਡੀ। (ਦੂਜਾ ਪਾਠ: ਹਿਕ ਸੁ)	Hikas Kanthai Baaharee Maiddee Vaath N Pushhai Koe ||1||	Other than the One Lord, my Husband, no one else cares for me. ||1||	ਪਰ ਇਕ ਖਸਮ-ਪ੍ਰਭੂ ਤੋਂ ਬਿਨਾ ਕੋਈ ਮੇਰੀ ਖ਼ਬਰ-ਸੁਰਤ ਹੀ ਨਹੀਂ ਪੁੱਛਦਾ (ਭਾਵ, ਜੇ ਪ੍ਰਭੂ ਹਿਰਦੇ ਵਿਚ ਵੱਸ ਪਏ, ਤਾਂ ਸਾਰੇ ਸ਼ੁਭ ਗੁਣਾਂ ਨਾਲ ਗਿਆਨ ਇੰਦ੍ਰੇ ਚਮਕ ਉਠਦੇ ਹਨ। ਜੇ ਪ੍ਰਭੂ ਤੋਂ ਵਿਛੋੜਾ ਹੈ ਤਾਂ ਕੋਈ ਸ਼ੁਭ ਗੁਣ ਨੇੜੇ ਨਹੀਂ ਢੁਕਦਾ) ॥੧॥
47008	1095	ਮਃ ੫॥		Ma 5 ||	Fifth Mehl:	

47009	1095	ਹਭੇ ਟੋਲ ਸੁਹਾਵਣੇ ਸਹੁ ਬੈਠਾ ਅੰਞਣੁ ਮਲਿ॥	ਮੱਲਿ	Habhae Ttol Suhaavanae Sahu Baithaa Ann(g)an Mal ||	All my adornments become beautiful, when You, O Lord, sit in my courtyard and make it Yours.	ਜਿਸ ਜੀਵ-ਰਾਹੀ ਦਾ ਹਿਰਦਾ-ਵੇਹੜਾ ਖਸਮ-ਪ੍ਰਭੂ ਮੱਲ ਕੇ ਬੈਠ ਜਾਂਦਾ ਹੈ, ਉਸ ਨੂੰ ਸਾਰੇ ਪਦਾਰਥ (ਵਰਤਣੇ) ਫਬਦੇ ਹਨ,
47010	1095	ਪਹੀ ਨ ਵੰਞੈ ਬਿਰਥੜਾ ਜੋ ਘਰਿ ਆਵੈ ਚਲਿ॥੨॥		Pehee N Vannjai Birathharraa Jo Ghar Aavai Chal ||2||	Then no traveller who comes to my home shall leave empty-handed. ||2||	(ਕਿਉਂਕਿ) ਜੇਹੜਾ ਜੀਵ-ਰਾਹੀ (ਬਾਹਰਲੇ ਪਦਾਰਥਾਂ ਵਲੋਂ) ਪਰਤ ਕੇ ਅੰਤਰ ਆਤਮੇ ਆ ਟਿਕਦਾ ਹੈ ਉਹ (ਜਗਤ ਤੋਂ) ਖ਼ਾਲੀ-ਹੱਥ ਨਹੀਂ ਜਾਂਦਾ ॥੨॥
47011	1095	ਮਃ ੫॥		Ma 5 ||	Fifth Mehl:	
47012	1095	ਸੇਜ ਵਿਛਾਈ ਕੰਤ ਕੂ ਕੀਆ ਹਭੁ ਸੀਗਾਰੁ॥		Saej Vishhaaee Kanth Koo Keeaa Habh Seegaar ||	I have spread out my bed for You, O my Husband Lord, and applied all my decorations.	ਮੈਂ ਪਤੀ ਨੂੰ ਮਿਲਣ ਵਾਸਤੇ ਸੇਜ ਵਿਛਾਈ ਤੇ ਹੋਰ ਸਾਰਾ ਹਾਰ-ਸਿੰਗਾਰ ਕੀਤਾ (ਹਿਰਦਾ-ਸੇਜ ਸਜਾਣ ਵਾਸਤੇ ਕਈ ਧਾਰਮਿਕ ਸਾਧਨ ਕੀਤੇ),
47013	1095	ਇਤੀ ਮੰਝਿ ਨ ਸਮਾਵਈ ਜੇ ਗਲਿ ਪਹਿਰਾ ਹਾਰੁ॥੩॥	ਇਤੀ: ਪੋਲਾ ਬੋਲੋ।ਗਲਿ: ਪੋਲਾ ਬੋਲੋ। ਪਹਿਰਾਂ	Eithee Manjh N Samaavee Jae Gal Pehiraa Haar ||3||	But even this is not pleasing to me, to wear a garland around my neck. ||3||	ਪਰ ਹੁਣ (ਜਦੋਂ ਉਹ ਮਿਲ ਪਿਆ ਹੈ ਤਾਂ) ਜੇ ਮੈਂ (ਆਪਣੇ ਗਲ ਵਿਚ) ਇਕ ਹਾਰ ਭੀ ਪਹਿਨ ਲਵਾਂ (ਤਾਂ ਇਹ ਹਾਰ ਪਤੀ-ਮਿਲਾਪ ਦੇ ਰਸਤੇ ਵਿਚ ਵਿੱਥ ਪਾਂਦਾ ਹੈ, ਤੇ) ਪਤੀ ਤੇ ਮੇਰੇ ਵਿਚਕਾਰ ਇਤਨੀ ਵਿੱਥ ਨੂੰ ਭੀ ਸਮਾਈ ਨਹੀਂ ਹੈ (ਭਾਵ, ਲੋਕਾਚਾਰੀ ਧਾਰਮਿਕ ਸਾਧਨ ਪਤੀ-ਮਿਲਾਪ ਦੇ ਰਸਤੇ ਵਿਚ ਰੁਕਾਵਟ ਹਨ) ॥੩॥
47014	1095	ਪਉੜੀ॥		Pourree ||	Pauree:	

47015	1095	ਤੂ ਪਾਰਬ੍ਰਹਮੁ ਪਰਮੇਸਰੁ ਜੋਨਿ ਨ ਆਵਹੀ॥		Thoo Paarabreham Paramaesar Jon N Aavehee ||	O Supreme Lord God, O Transcendent Lord, You do not take birth.	ਹੇ ਪ੍ਰਭੂ! ਤੂੰ ਪਾਰਬ੍ਰਹਮ ਹੈਂ, ਸਭ ਤੋਂ ਵੱਡਾ ਮਾਲਕ ਹੈਂ, ਤੂੰ ਜਨਮ ਮਰਨ ਦੇ ਗੇੜ ਵਿਚ ਨਹੀਂ ਆਉਂਦਾ।
47016	1095	ਤੂ ਹੁਕਮੀ ਸਾਜਹਿ ਸ੍ਰਿਸਟਿ ਸਾਜਿ ਸਮਾਵਹੀ॥		Thoo Hukamee Saajehi Srisatt Saaj Samaavehee ||	By the Hukam of Your Command, You formed the Universe; forming it, You merge into it.	ਤੂੰ ਆਪਣੇ ਹੁਕਮ ਨਾਲ ਜਗਤ ਪੈਦਾ ਕਰਦਾ ਹੈਂ, (ਜਗਤ) ਪੈਦਾ ਕਰ ਕੇ (ਇਸ ਵਿਚ) ਵਿਆਪਕ ਹੈਂ।
47017	1095	ਤੇਰਾ ਰੂਪੁ ਨ ਜਾਈ ਲਖਿਆ ਕਿਉ ਤੁਝਹਿ ਧਿਆਵਹੀ॥		Thaeraa Roop N Jaaee Lakhiaa Kio Thujhehi Dhhiaavehee ||	Your Form cannot be known; how can one meditate on You?	ਤੇਰਾ ਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਫਿਰ ਜੀਵ ਤੇਰਾ ਧਿਆਨ ਕਿਸ ਤਰੀਕੇ ਨਾਲ ਧਰਨ?
47018	1095	ਤੂ ਸਭ ਮਹਿ ਵਰਤਹਿ ਆਪਿ ਕੁਦਰਤਿ ਦੇਖਾਵਹੀ॥		Thoo Sabh Mehi Varathehi Aap Kudharath Dhaekhaavehee ||	You are pervading and permeating all; You Yourself reveal Your creative potency.	ਹੇ ਪ੍ਰਭੂ! ਤੂੰ ਸਭ ਜੀਵਾਂ ਵਿਚ ਆਪ ਮੌਜੂਦ ਹੈਂ, (ਸਭ ਵਿਚ) ਆਪਣੀ ਤਾਕਤ ਵਿਖਾ ਰਿਹਾ ਹੈਂ।
47019	1095	ਤੇਰੀ ਭਗਤਿ ਭਰੇ ਭੰਡਾਰ ਤੋਟਿ ਨ ਆਵਹੀ॥		Thaeree Bhagath Bharae Bhanddaar Thott N Aavehee ||	Your treasures of devotional worship are overflowing; they never decrease.	(ਤੇਰੇ ਪਾਸ) ਤੇਰੀ ਭਗਤੀ ਦੇ ਖ਼ਜ਼ਾਨੇ ਭਰੇ ਪਏ ਹਨ ਜੋ ਕਦੇ ਮੁੱਕ ਨਹੀਂ ਸਕਦੇ,

47020	1095	ਏਹਿ ਰਤਨ ਜਵੇਹਰ ਲਾਲ ਕੀਮ ਨ ਪਾਵਹੀ॥		Eaehi Rathan Javaehar Laal Keem N Paavehee ||	These gems, jewels and diamonds - their value cannot be estimated.	ਤੇਰੇ ਗੁਣਾਂ ਦੇ ਖ਼ਜ਼ਾਨੇ ਐਸੇ ਰਤਨ ਜਵਾਹਰ ਤੇ ਲਾਲ ਹਨ ਜਿਨ੍ਹਾਂ ਦਾ ਮੁੱਲ ਨਹੀਂ ਪੈ ਸਕਦਾ (ਜਗਤ ਵਿਚ ਕੋਈ ਐਸੀ ਚੀਜ਼ ਨਹੀਂ ਹੈ ਜਿਸ ਦੇ ਇਵਜ਼ ਵਿਚ ਗੁਣਾਂ ਦੇ ਖ਼ਜ਼ਾਨੇ ਮਿਲ ਸਕਣ)।
47021	1095	ਜਿਸੁ ਹੋਵਹਿ ਆਪਿ ਦਇਆਲੁ ਤਿਸੁ ਸਤਿਗੁਰ ਸੇਵਾ ਲਾਵਹੀ॥		Jis Hovehi Aap Dhaeiaal This Sathigur Saevaa Laavehee ||	As You Yourself become merciful, Lord, You link us to the service of the True Guru.	ਜਿਸ ਜੀਵ ਉਤੇ ਤੂੰ ਦਇਆ ਕਰਦਾ ਹੈਂ ਉਸ ਨੂੰ ਸਤਿਗੁਰੂ ਦੀ ਸੇਵਾ ਵਿਚ ਜੋੜਦਾ ਹੈਂ।
47022	1095	ਤਿਸੁ ਕਦੇ ਨ ਆਵੈ ਤੋਟਿ ਜੋ ਹਰਿ ਗੁਣ ਗਾਵਹੀ॥੩॥		This Kadhae N Aavai Thott Jo Har Gun Gaavehee ||3||	One who sings the Glorious Praises of the Lord, never suffers any deficiency. ||3||	(ਗੁਰੂ ਦੀ ਸਰਨ ਆ ਕੇ) ਜੋ ਮਨੁੱਖ ਪ੍ਰਭੂ ਦੇ ਗੁਣ ਗਾਂਦੇ ਹਨ, ਉਹਨਾਂ ਨੂੰ ਕਿਸੇ ਕਿਸਮ ਦੀ ਥੁੜ ਨਹੀਂ ਰਹਿੰਦੀ ॥੩॥
47023	1095	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	
47024	1095	ਜਾ ਮੂ ਪਸੀ ਹਠ ਮੈ ਪਿਰੀ ਮਹਿਜੈ ਨਾਲਿ॥	(ਪੱਸੀ) ਦੇਖਣਾ ਕਰਦਾ ਹੈ। (ਹਠ) ਹਿਰਦੇ (ਮੈ) ਵਿੱਚ। ਹਠ: ਪੋਲਾ ਬੋਲੋ। ਮ-ਹਿੰਜੈ	Jaa Moo Pasee Hath Mai Piree Mehijai Naal ||	When I look within my being, I find that my Beloved is with me.	ਜਦੋਂ ਮੈਂ (ਧਿਆਨ ਨਾਲ) ਹਿਰਦੇ ਵਿਚ ਵੇਖਦੀ ਹਾਂ, ਤਾਂ ਮੇਰਾ ਪਤੀ-ਪ੍ਰਭੂ ਮੇਰੇ ਨਾਲ (ਮੇਰੇ ਹਿਰਦੇ ਵਿਚ) ਮੌਜੂਦ ਹੈ।

47025	1095	ਹਭੇ ਡੁਖ ਉਲਾਹਿਅਮੁ ਨਾਨਕ ਨਦਰਿ ਨਿਹਾਲਿ॥੧॥	(ਉਲਾਹਿਅਮੁ) ਲਾਹ ਦਿੱਤੇ। ਹੱਭੇ।ਡੁੱਖ	Habhae Ddukh Oulaahiam Naanak Nadhar Nihaal ||1||	All pains are relieved, O Nanak, when He bestows His Glance of Grace. ||1||	ਹੇ ਨਾਨਕ! ਮਿਹਰ ਦੀ ਨਿਗਾਹ ਕਰ ਕੇ ਉਸ ਨੇ ਮੇਰੇ ਸਾਰੇ ਦੁੱਖ ਦੂਰ ਕਰ ਦਿੱਤੇ ਹਨ ॥੧॥
47026	1095	ਮਃ ੫॥		Ma 5 ||	Fifth Mehl:	
47027	1095	ਨਾਨਕ ਬੈਠਾ ਭਖੇ ਵਾਉ ਲੰਮੇ ਸੇਵਹਿ ਦਰੁ ਖੜਾ॥	(ਬੈਠਾ) ਇਸਥਿੱਤ ਹੋ ਕੇ, (ਭਖੇ) ਕਨਸੋਆਂ ਸੁਣਦਾ ਹਾਂ, (ਦਰੁ)ਸਤਿਸੰਗਤ।ਲੰਮੇ ਲੰਮੇ ਪੈ ਕੇ ਭਾਵ ਡੰਡਉਤ ਕਰਕੇ, ਸਭ ਤੋਂ (ਲੰਮੇ) ਵਿਆਪਕ ਵੱਡੇ ਵਾਹਿਗੁਰੂ ਜੀ। ਖੜ੍ਹਾ	Naanak Baithaa Bhakhae Vaao Lanmae Saevehi Dhar Kharraa ||	Nanak sits waiting for news of the Lord and stands at the Lord's Door; serving Him for so long.	ਹੇ ਪ੍ਰਭੂ! ਬੇਅੰਤ ਜੀਵ ਖੜੇ ਤੇਰਾ ਦਰ ਸੇਂਵਦੇ ਹਨ, ਮੈਂ ਨਾਨਕ ਭੀ (ਤੇਰੇ ਦਰ ਤੇ ਖੜਾ) ਤੇਰੀ ਸੋਇ ਸੁਣ ਰਿਹਾ ਹਾਂ।
47028	1095	ਪਿਰੀਏ ਤੂ ਜਾਣੂ ਮਹਿਜਾ ਸਾਉ ਜੋਈ ਸਾਈ ਮੁਹੁਖੜਾ॥੨॥	(ਸਾਉ) ਮਤਲਬ (ਮੁਹੁਖੜਾ) ਮੁੱਖੜਾ।(ਮ-ਹਿੰਜਾ) ਸਾਂਈਂ। ਮੁਹੁਖ-ੜਾ: ਜ਼ੋਰ ਦੀ ਬੋਲੋ	Pireeeae Thoo Jaan Mehijaa Saao Joee Saaee Muhu Kharraa ||2||	O my Beloved, only You know my objective; I stand, waiting to see the Lord's face. ||2||	ਹੇ ਪਤੀ! ਤੂੰ ਮੇਰੇ ਦਿਲ ਦੀ ਜਾਣਦਾ ਹੈਂ, ਹੇ ਸਾਈਂ! ਮੈਂ ਖਲੋਤਾ ਤੇਰਾ ਮੂੰਹ ਤੱਕ ਰਿਹਾ ਹਾਂ ॥੨॥
47029	1095	ਮਃ ੫॥		Ma 5 ||	Fifth Mehl:	

47030	1095	ਕਿਆ ਗਾਲਾਇਓ ਭੂਛ ਪਰ ਵੇਲਿ ਨ ਜੋਹੇ ਕੰਤ ਤੂ॥	(ਗਾਲਾਇਓ) ਬੋਲਿਆ। (ਭੂਛ) ਬਕਵਾਦ (ਵੇਲਿ) ਇਸਤ੍ਰੀ (ਜੋਹੇ) ਤੱਕੇਂ	Kiaa Gaalaaeiou Bhooshh Par Vael N Johae Kanth Thoo ||	What should I say to you, you fool? Don't look at the vines of others - be a true husband.	(ਹੇ ਜੀਵ!) ਤੂੰ ਹਰ ਥਾਂ ਕੰਤ-ਪ੍ਰਭੂ ਨੂੰ ਵੇਖ, ਪਰਾਈ ਇਸਤ੍ਰੀ ਨੂੰ (ਮੰਦ ਭਾਵਨਾ ਨਾਲ) ਨਾਹ ਵੇਖ, ਤੇ (ਕਾਮਾਤੁਰ ਹੋ ਕੇ) ਮੱਤ-ਹੀਣੇ ਨਾਪਾਕ ਬੋਲ ਨਾਹ ਬੋਲ।
47031	1095	ਨਾਨਕ ਫੁਲਾ ਸੰਦੀ ਵਾੜਿ ਖਿੜਿਆ ਹਭੁ ਸੰਸਾਰੁ ਜਿਉ॥੩॥		Naanak Fulaa Sandhee Vaarr Khirriaa Habh Sansaar Jio ||3||	O Nanak, the entire world is blooming, like a garden of flowers. ||3||	ਹੇ ਨਾਨਕ! ਜਿਵੇਂ ਫੁਲਵਾੜੀ ਖਿੜੀ ਹੁੰਦੀ ਹੈ ਤਿਵੇਂ ਇਹ ਸਾਰਾ ਸੰਸਾਰ ਖਿੜਿਆ ਹੋਇਆ ਹੈ (ਇਥੇ ਕੋਈ ਫੁੱਲ ਤੋੜਨਾ ਨਹੀਂ ਹੈ, ਕਿਸੇ ਪਰਾਈ ਸੁੰਦਰੀ ਵਲ ਮੰਦ-ਭਾਵਨਾ ਨਹੀਂ ਰੱਖਣੀ) ॥੩॥
47032	1095	ਪਉੜੀ॥		Pourree ||	Pauree:	
47033	1095	ਸੁਘੜੁ ਸੁਜਾਣੁ ਸਰੂਪੁ ਤੂ ਸਭ ਮਹਿ ਵਰਤੰਤਾ॥	ਸੁਘ-ੜੁ	Sugharr Sujaan Saroop Thoo Sabh Mehi Varathanthaa ||	You are Wise, all-knowing and beautiful; You are pervading and permeating all.	ਹੇ ਪ੍ਰਭੂ! ਤੂੰ ਸੁਚੱਜਾ ਸਿਆਣਾ ਤੇ ਸੋਹਣਾ ਹੈਂ, ਸਭ ਜੀਵਾਂ ਵਿਚ ਤੂੰ ਹੀ ਮੌਜੂਦ ਹੈਂ,
47034	1095	ਤੂ ਆਪੇ ਠਾਕੁਰੁ ਸੇਵਕੋ ਆਪੇ ਪੂਜੰਤਾ॥		Thoo Aapae Thaakur Saevako Aapae Poojanthaa ||	You Yourself are the Lord and Master, and the servant; You worship and adore Yourself.	(ਸੋ) ਤੂੰ ਆਪ ਹੀ ਮਾਲਕ ਹੈਂ ਆਪ ਹੀ ਸੇਵਕ ਹੈਂ ਆਪ ਹੀ ਆਪਣੀ ਪੂਜਾ ਕਰ ਰਿਹਾ ਹੈਂ।

47035	1095	ਦਾਨਾ ਬੀਨਾ ਆਪਿ ਤੂ ਆਪੇ ਸਤਵੰਤਾ॥		Dhaanaa Beenaa Aap Thoo Aapae Sathavanthaa ||	You are all-wise and all-seeing; You Yourself are true and pure.	(ਹਰੇਕ ਜੀ ਦੇ ਅੰਦਰ ਵਿਆਪਕ ਹੋਣ ਕਰਕੇ) ਤੂੰ ਆਪ ਹੀ (ਜੀਵਾਂ ਦੇ ਕੰਮਾਂ ਨੂੰ) ਜਾਣਦਾ ਹੈਂ ਵੇਖਦਾ ਹੈਂ, ਤੂੰ ਆਪ ਹੀ ਚੰਗੇ ਆਚਰਨ ਵਾਲਾ ਹੈਂ।
47036	1095	ਜਤੀ ਸਤੀ ਪ੍ਰਭੁ ਨਿਰਮਲਾ ਮੇਰੇ ਹਰਿ ਭਗਵੰਤਾ॥		Jathee Sathee Prabh Niramalaa Maerae Har Bhagavanthaa ||	The Immaculate Lord, my Lord God, is celibate and True.	ਹੇ ਮੇਰੇ ਹਰੀ ਭਗਵਾਨ! ਤੂੰ ਆਪ ਹੀ ਜਤੀ ਹੈਂ, ਆਪ ਹੀ ਪਵਿਤ੍ਰ ਆਚਰਨ ਵਾਲਾ ਹੈਂ।
47037	1095	ਸਭੁ ਬ੍ਰਹਮ ਪਸਾਰੁ ਪਸਾਰਿਓ ਆਪੇ ਖੇਲੰਤਾ॥		Sabh Breham Pasaar Pasaariou Aapae Khaelanthaa ||	God spreads out the expanse of the entire universe, and He Himself plays in it.	ਇਹ ਸਾਰਾ ਜਗਤ-ਖਿਲਾਰਾ ਤੂੰ ਆਪ ਹੀ ਖਿਲਾਰਿਆ ਹੋਇਆ ਹੈ, ਤੂੰ ਆਪ ਹੀ ਇਹ ਜਗਤ-ਖੇਡ ਖੇਡ ਰਿਹਾ ਹੈਂ।
47038	1095	ਇਹੁ ਆਵਾ ਗਵਣੁ ਰਚਾਇਓ ਕਰਿ ਚੋਜ ਦੇਖੰਤਾ॥	ਦੇ-ਖੰਤਾ	Eihu Aavaa Gavan Rachaaeiou Kar Choj Dhaekhanthaa ||	He created this coming and going of reincarnation; creating the wondrous play, He gazes upon it.	(ਜੀਵਾਂ ਦੇ) ਜੰਮਣ ਮਰਨ ਦਾ ਤਮਾਸ਼ਾ ਤੂੰ ਆਪ ਹੀ ਰਚਾਇਆ ਹੋਇਆ ਹੈਂ, ਇਹ ਤਮਾਸ਼ੇ ਰਚ ਕੇ ਤੂੰ ਆਪ ਹੀ ਵੇਖ ਰਿਹਾ ਹੈਂ।
47039	1095	ਤਿਸੁ ਬਾਹੁੜਿ ਗਰਭਿ ਨ ਪਾਵਹੀ ਜਿਸੁ ਦੇਵਹਿ ਗੁਰ ਮੰਤਾ॥		This Baahurr Garabh N Paavehee Jis Dhaevehi Gur Manthaa ||	One who is blessed with the Guru's Teachings, is not consigned to the womb of reincarnation, ever again.	ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਗੁਰੂ ਉਪਦੇਸ਼ ਦੀ ਦਾਤ ਦੇਂਦਾ ਹੈਂ, ਉਸ ਨੂੰ ਮੁੜ ਜੂਨਾਂ ਦੇ ਗੇੜ ਵਿਚ ਨਹੀਂ ਪਾਂਦਾ।

47040	1095	ਜਿਉ ਆਪਿ ਚਲਾਵਹਿ ਤਿਉ ਚਲਦੇ ਕਿਛੁ ਵਸਿ ਨ ਜੰਤਾ॥੪॥	ਜੰਤਾਂ	Jio Aap Chalaavehi Thio Chaladhae Kishh Vas N Janthaa ||4||	All walk as He makes them walk; nothing is under the control of the created beings. ||4||	(ਤੇਰੇ ਪੈਦਾ ਕੀਤੇ ਇਹਨਾਂ) ਜੀਵਾਂ ਦੇ ਇਖ਼ਤਿਆਰ ਵਿਚ ਕੁਝ ਨਹੀਂ ਹੈ, ਜਿਵੇਂ ਤੂੰ ਆਪ ਜੀਵਾਂ ਨੂੰ ਤੋਰ ਰਿਹਾ ਹੈਂ, ਤਿਵੇਂ ਤੁਰ ਰਹੇ ਹਨ ॥੪॥
47041	1095	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	
47042	1095	ਕੁਰੀਏ ਕੁਰੀਏ ਵੈਦਿਆ ਤਲਿ ਗਾੜਾ ਮਹ ਰੇਰੁ॥	ਵੈਰਾਗ ਰੂਪੀ (ਕੁਰੀਏ) ਡੰਡੀ। (ਵੈਦਿਆ) ਚੱਲਣ ਵਾਲੇ। (ਤਲਿ) ਥੱਲੇ (ਗਾੜ੍ਹਾ) ਤਕੜਾ।ਬੁੱਧੀ ਰੂਪੀ (ਮਹ) ਧਰਤੀ (ਮਹ) ਚ , ਔਗੁਣਾਂ ਵਿਕਾਰਾਂ ਦਾ (ਰੇਰੁ) ਖਾਤਾ। (ਰੇਰੁ) ਢਾਹ, ਕਾਮਾਦਿਕਾਂ ਤੋਂ ਬਚ ਕੇ ਰਹੀਂ।	Kureeeae Kureeeae Vaidhiaa Thal Gaarraa Meharaer ||	You are walking along the river-bank, but the land is giving way beneath you.	ਹੇ (ਸੰਸਾਰ-) ਨਦੀ ਦੇ ਕੰਢੇ ਕੰਢੇ ਜਾਣ ਵਾਲਿਆ! ਤੇਰੇ ਪੈਰਾਂ ਹੇਠ (ਤੇਰੇ ਰਸਤੇ ਵਿਚ) ਬੜੀ ਢਾਹ ਲੱਗੀ ਹੋਈ ਹੈ।
47043	1095	ਵੇਖੇ ਛਿਟੜਿ ਥੀਵਦੋ ਜਾਮਿ ਖਿਸੰਦੋ ਪੇਰੁ॥੧॥		Vaekhae Shhittarr Thheevadho Jaam Khisandho Paer ||1||	Watch out! Your foot might slip, and you'll fall in and die. ||1||	ਧਿਆਨ ਰੱਖੀਂ, ਜਦੋਂ ਹੀ ਤੇਰਾ ਪੈਰ ਤਿਲਕ ਗਿਆ, ਤਾਂ (ਮੋਹ ਦੇ ਚਿੱਕੜ ਨਾਲ) ਲਿੱਬੜ ਜਾਏਂਗਾ ॥੧॥
47044	1095	ਮਃ ੫॥		Ma 5 ||	Fifth Mehl:	

47045	1095	ਸਚੁ ਜਾਣੈ ਕਚੁ ਵੈਦਿਓ ਤੂ ਆਘੂ ਆਘੇ ਸਲਵੇ॥	(ਵੈਦਿਓ) ਨਾਸ਼ ਹੋਣ ਵਾਲੇ (ਕਚੁ) ਕੱਚੇ ਔਗੁਣ ਵਿਕਾਰ (ਸਚੁ) ਸੱਚੇ (ਜਾਣੈ) ਜਾਣਦਾ ਹੈਂ, ਇਨ੍ਹਾਂ ਨੂੰ ਫੜਨ ਲਈ ਤੂ (ਆਘੂ) ਅੱਗੇ (ਆਘੇ) ਅੱਗੇ (ਸਲਵੇ) ਜਾਂਦਾ ਹੈਂ	Sach Jaanai Kach Vaidhiou Thoo Aaghoo Aaghae Salavae ||	You believe what is false and temporary to be true, and so you run on and on.	(ਹੇ ਜੀਵ!) ਨਾਸਵੰਤ ਕੱਚ (-ਰੂਪ ਮਾਇਆ) ਨੂੰ ਤੂੰ ਸਦਾ-ਥਿਰ ਜਾਣਦਾ ਹੈਂ, ਤੇ ਹੋਰ ਹੋਰ ਇਕੱਠੀ ਕਰਦਾ ਹੈਂ।
47046	1095	ਨਾਨਕ ਆਤਸੜੀ ਮੰਝਿ ਨੈਣੂ ਬਿਆ ਢਲਿ ਪਬਣਿ ਜਿਉ ਜੁੰਮਿਓ॥੨॥	(ਆਤਸੜੀ) ਅਗਨੀ। (ਮੰਝਿ) ਵਿਚ। (ਨੈਣੂ) ਮੱਖਣ ਢਲ ਜਾਂਦਾ ਹੈ।(ਬਿਆ) ਦੂਜਾ। ਪਾਣੀ ਦੇ (ਢਲਿ) ਢਲ ਜਾਣ ਕਰਕੇ, (ਪੱਬਣਿ) ਚਪੁੱਤੀ ਪੱਤੇ, (ਜੁੰਮਿਓ) ਨਾਸ ਹੋ ਜਾਂਦੇ ਹਨ, ਇਉਂ ਔਗੁਣ ਪਾਪ ਕਰਨ ਵਾਲੇ ਨਾਸ ਹੋ	Naanak Aathasarree Manjh Nainoo Biaa Dtal Paban Jio Junmiou ||2||	O Nanak, like butter in the fire, it shall melt away; it shall fade away like the water-lily. ||2||	ਪਰ ਹੇ ਨਾਨਕ! (ਆਖ-ਇਹ ਮਾਇਆ ਇਉਂ ਹੈ) ਜਿਵੇਂ ਅੱਗ ਵਿਚ ਮੱਖਣ ਨਾਸ ਹੋ ਜਾਂਦਾ ਹੈ (ਪੱਘਰ ਜਾਂਦਾ ਹੈ), ਜਾਂ, ਜਿਵੇਂ (ਪਾਣੀ ਦੇ ਢਲ ਜਾਣ ਨਾਲ) ਚੁਪੱਤੀ ਡਿੱਗ ਕੇ ਨਾਸ ਹੋ ਜਾਂਦੀ ਹੈ ॥੨॥
47047	1095	ਮਃ ੫॥		Ma 5 ||	Fifth Mehl:	
47048	1095	ਭੋਰੇ ਭੋਰੇ ਰੂਹੜੇ ਸੇਵੇਦੇ ਆਲਕੁ॥	(ਭੋਰੇ) ਹੇ ਭੋਲੇ, (ਭੋਰੇ) ਸਵੇਰੇ। (ਰੂਹੜੇ) ਸੁੰਦਰ। (ਸੇਵੇਂਦੇ) ਭਜਨ ਕਰਨ ਨੂੰ। (ਆਲਕੁ) ਆਲਸ ਕਰਦਾ ਹੈਂ	Bhorae Bhorae Rooharrae Saevaedhae Aalak ||	O my foolish and silly soul, why are you too lazy to serve?	ਹੇ ਭੋਲੀਏ ਜਿੰਦੇ! ਪਰਮਾਤਮਾ ਨੂੰ ਸਿਮਰਦਿਆਂ ਤੂੰ ਆਲਸ ਕਰਦੀ ਹੈਂ।

47049	1095	ਮੁਦਤਿ ਪਈ ਚਿਰਾਣੀਆ ਫਿਰਿ ਕਢੂ ਆਵੈ ਰੁਤਿ॥੩॥	ਮੁੱਦਤਿ।ਕੱਢੂ	Mudhath Pee Chiraaneeaa Fir Kaddoo Aavai Ruth ||3||	Such a long time has passed. When will this opportunity come again? ||3||	ਲੰਮੀਆਂ ਮੁੱਦਤਾਂ ਪਿਛੋਂ (ਇਹ ਮਨੁੱਖਾ ਜਨਮ ਮਿਲਿਆ ਹੈ, ਜੇ ਸਿਮਰਨ ਤੋਂ ਸੱਖਣਾ ਬੀਤ ਗਿਆ) ਤਾਂ ਮੁੜ (ਕੀਹ ਪਤਾ ਹੈ?) ਕਦੋਂ (ਮਨੁੱਖਾ ਜਨਮ ਦੀ) ਰੁੱਤ ਆਵੇ ॥੩॥
47050	1096	ਪਉੜੀ॥		Pourree ||	Pauree:	
47051	1096	ਤੁਧੁ ਰੂਪੁ ਨ ਰੇਖਿਆ ਜਾਤਿ ਤੂ ਵਰਨਾ ਬਾਹਰਾ॥		Thudhh Roop N Raekhiaa Jaath Thoo Varanaa Baaharaa ||	You have no form or shape, no social class or race.	ਹੇ ਪ੍ਰਭੂ! ਤੇਰਾ ਕੋਈ (ਖ਼ਾਸ) ਰੂਪ ਨਹੀਂ ਕੋਈ ਚਿਹਨ-ਚੱਕ੍ਰ ਨਹੀਂ। ਤੇਰੀ ਕੋਈ (ਖ਼ਾਸ) ਜਾਤਿ ਨਹੀਂ, (ਬ੍ਰਾਹਮਣ ਖਤ੍ਰੀ ਆਦਿ) ਤੇਰਾ ਕੋਈ (ਖ਼ਾਸ) ਵਰਨ ਨਹੀਂ ਹੈ।
47052	1096	ਏ ਮਾਣਸ ਜਾਣਹਿ ਦੂਰਿ ਤੂ ਵਰਤਹਿ ਜਾਹਰਾ॥		Eae Maanas Jaanehi Dhoor Thoo Varathehi Jaaharaa ||	These humans believe that You are far away; but You are quite obviously apparent.	ਇਹ ਮਨੁੱਖ ਤੈਨੂੰ ਕਿਤੇ ਦੂਰ ਥਾਂ ਵੱਸਦਾ ਸਮਝਦੇ ਹਨ, ਤੂੰ ਹਰ ਥਾਂ ਮੌਜੂਦ ਹੈਂ,
47053	1096	ਤੂ ਸਭਿ ਘਟ ਭੋਗਹਿ ਆਪਿ ਤੁਧੁ ਲੇਪੁ ਨ ਲਾਹਰਾ॥		Thoo Sabh Ghatt Bhogehi Aap Thudhh Laep N Laaharaa ||	You enjoy Yourself in every heart, and no filth sticks to You.	ਸਭ ਜੀਵਾਂ ਵਿਚ ਵਿਆਪਕ ਹੋ ਕੇ ਪਦਾਰਥ ਭੋਗ ਰਿਹਾ ਹੈਂ, (ਫਿਰ ਭੀ) ਤੈਨੂੰ ਮਾਇਆ ਦਾ ਅਸਰ ਪੋਹ ਨਹੀਂ ਸਕਦਾ।
47054	1096	ਤੂ ਪੁਰਖੁ ਅਨੰਦੀ ਅਨੰਤ ਸਭ ਜੋਤਿ ਸਮਾਹਰਾ॥	(ਸਮਾਹਰਾ) ਸਮਾਈ	Thoo Purakh Anandhee Ananth Sabh Joth Samaaharaa ||	You are the blissful and infinite Primal Lord God; Your Light is all-pervading.	ਤੂੰ ਸਦਾ ਅਨੰਦ ਰਹਿਣ ਵਾਲਾ ਹੈਂ, ਬੇਅੰਤ ਹੈਂ, ਸਭ ਵਿਚ ਵਿਆਪਕ ਹੈਂ, ਸਭਨਾਂ ਵਿਚ ਤੇਰੀ ਜੋਤਿ ਟਿਕੀ ਹੋਈ ਹੈ।

47055	1096	ਤੂ ਸਭ ਦੇਵਾ ਮਹਿ ਦੇਵ ਬਿਧਾਤੇ ਨਰਹਰਾ॥		Thoo Sabh Dhaevaa Mehi Dhaev Bidhhaathae Nareharaa ||	Among all divine beings, You are the most divine, O Creator-architect, Rejuvenator of all.	ਹੇ ਸਿਰਜਣਹਾਰ! ਹੇ ਪਰਮਾਤਮਾ! ਸਾਰੇ ਦੇਵਤਿਆਂ ਵਿਚ ਤੂੰ ਆਪ ਹੀ ਦੇਵਤਾ (ਪ੍ਰਕਾਸ਼ ਕਰਨ ਵਾਲਾ) ਹੈਂ। ਤੂੰ ਪਰੇ ਤੋਂ ਪਰੇ ਹੈਂ, ਤੂੰ ਨਾਸ-ਰਹਿਤ ਹੈਂ,
47056	1096	ਕਿਆ ਆਰਾਧੇ ਜਿਹਵਾ ਇਕ ਤੂ ਅਬਿਨਾਸੀ ਅਪਰਪਰਾ॥		Kiaa Aaraadhhae Jihavaa Eik Thoo Abinaasee Aparaparaa ||	How can my single tongue worship and adore You? You are the eternal, imperishable, infinite Lord God.	ਮੇਰੀ ਇਕ ਜੀਭ ਤੇਰੀ ਅਰਾਧਨਾ ਕਰਨ ਦੇ ਸਮਰੱਥ ਨਹੀਂ ਹੈ।
47057	1096	ਜਿਸੁ ਮੇਲਹਿ ਸਤਿਗੁਰੁ ਆਪਿ ਤਿਸ ਕੇ ਸਭਿ ਕੁਲ ਤਰਾ॥	ਕੁਲ: ਪੋਲਾ ਬੋਲੋ	Jis Maelehi Sathigur Aap This Kae Sabh Kul Tharaa ||	One whom You Yourself unite with the True Guru - all his generations are saved.	ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਗੁਰੂ ਮਿਲਾ ਦੇਂਦਾ ਹੈਂ, ਉਸ ਦੀਆਂ ਸਾਰੀਆਂ ਕੁਲਾਂ ਤਰ ਜਾਂਦੀਆਂ ਹਨ।
47058	1096	ਸੇਵਕ ਸਭਿ ਕਰਦੇ ਸੇਵ ਦਰਿ ਨਾਨਕੁ ਜਨੁ ਤੇਰਾ॥੫॥		Saevak Sabh Karadhae Saev Dhar Naanak Jan Thaeraa ||5||	All Your servants serve You; Nanak is a humble servant at Your Door. ||5||	ਤੇਰੇ ਸਾਰੇ ਸੇਵਕ ਤੇਰੀ ਸੇਵਾ ਕਰਦੇ ਹਨ, ਮੈਂ ਤੇਰਾ ਦਾਸ ਨਾਨਕ (ਭੀ ਤੇਰੇ ਹੀ) ਦਰ ਤੇ (ਪਿਆ ਹਾਂ) ॥੫॥
47059	1096	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	

47060	1096	ਗਹਡੜੜਾ ਤ੍ਰਿਣਿ ਛਾਇਆ ਗਾਫਲ ਜਲਿਓਹੁ ਭਾਹਿ॥	ਗਹ-ਡੜ-ੜਾ	Gehaddarrarraa Thrin Shhaaeiaa Gaafal Jaliouhu Bhaahi ||	He builds a hut of straw, and the fool lights a fire in it.	ਗ਼ਾਫ਼ਲ ਮਨੁੱਖ ਦਾ ਘਾਹ ਨਾਲ ਬਣਿਆ ਹੋਇਆ ਸਰੀਰ-ਛੱਪਰ ਤ੍ਰਿਸ਼ਨਾ ਦੀ ਅੱਗ ਵਿਚ ਸੜ ਰਿਹਾ ਹੈ।
47061	1096	ਜਿਨਾ ਭਾਗ ਮਥਾਹੜੈ ਤਿਨ ਉਸਤਾਦ ਪਨਾਹਿ॥੧॥		Jinaa Bhaag Mathhaaharrai Thin Ousathaadh Panaahi ||1||	Only those who have such pre-ordained destiny on their foreheads, find Shelter with the Master. ||1||	ਜਿਨ੍ਹਾਂ ਬੰਦਿਆਂ ਦੇ ਮੱਥੇ ਉਤੇ ਚੰਗੇ ਭਾਗ ਜਾਗਦੇ ਹਨ, ਉਹਨਾਂ ਨੂੰ ਗੁਰੂ ਦਾ ਸਹਾਰਾ ਮਿਲ ਜਾਂਦਾ ਹੈ (ਤੇ ਉਹ ਤ੍ਰਿਸ਼ਨਾ ਅੱਗ ਤੋਂ ਬਚ ਜਾਂਦੇ ਹਨ) ॥੧॥
47062	1096	ਮਃ ੫॥		Ma 5 ||	Fifth Mehl:	
47063	1096	ਨਾਨਕ ਪੀਠਾ ਪਕਾ ਸਾਜਿਆ ਧਰਿਆ ਆਣਿ ਮਉਜੂਦੁ॥		Naanak Peethaa Pakaa Saajiaa Dhhariaa Aan Moujoodh ||	O Nanak, he grinds the corn, cooks it and places it before himself.	ਹੇ ਨਾਨਕ! (ਨਿਆਜ਼ ਆਦਿਕ ਦੇਣ ਲਈ ਸਰਧਾਲੂ ਮੁਸਲਮਾਨ ਆਟਾ) ਪਿਹਾ ਕੇ ਪਕਾ ਕੇ ਖਾਣਾ ਸੰਵਾਰ ਕੇ ਤਿਆਰ ਲਿਆ ਰੱਖਦਾ ਹੈ,
47064	1096	ਬਾਝਹੁ ਸਤਿਗੁਰ ਆਪਣੇ ਬੈਠਾ ਝਾਕੁ ਦਰੂਦ॥੨॥		Baajhahu Sathigur Aapanae Baithaa Jhaak Dharoodh ||2||	But without his True Guru, he sits and waits for his food to be blessed. ||2||	(ਪਰ ਜਦ ਤਕ ਪੀਰ ਆ ਕੇ) ਦੁਆ (ਨਾ ਪੜ੍ਹੇ, ਉਹ) ਬੈਠਾ ਝਾਕਦਾ ਹੈ। (ਤਿਵੇਂ ਮਨੁੱਖ ਅਨੇਕਾਂ ਧਾਰਮਿਕ ਸਾਧਨ ਕਰਦਾ ਹੈ, ਪਰ) ਜਦ ਤਕ ਗੁਰੂ ਨਾਹ ਮਿਲੇ ਮਨੁੱਖ ਰੱਬ ਦੀ ਰਹਿਮਤ ਨੂੰ ਬੈਠਾ ਉਡੀਕਦਾ ਹੈ ॥੨॥
47065	1096	ਮਃ ੫॥		Ma 5 ||	Fifth Mehl:	

47066	1096	ਨਾਨਕ ਭੁਸਰੀਆ ਪਕਾਈਆ ਪਾਈਆ ਥਾਲੈ ਮਾਹਿ॥	ਭੁੱਸਰੀਆਂ। ਪਕਾਈਆਂ। ਪਾਈਆਂ	Naanak Bhusareeaa Pakaaeeaa Paaeeaa Thhaalai Maahi ||	O Nanak, the loaves of bread are baked and placed on the plate.	ਹੇ ਨਾਨਕ! (ਜੇ ਕੋਈ ਮਨੁੱਖ ਇਤਨੇ ਹੀ ਗ਼ਰੀਬ ਹਨ ਕਿ ਰਸੋਈ ਚੌਂਕਾ ਆਦਿਕ ਵਰਤਣ ਦੇ ਥਾਂ) ਧਰਤੀ ਉਤੇ ਹੀ ਮੰਨ ਪਕਾ ਲੈਂਦੇ ਹਨ ਤੇ ਥਾਲ ਵਿਚ ਪਾ ਲੈਂਦੇ ਹਨ,
47067	1096	ਜਿਨੀ ਗੁਰੂ ਮਨਾਇਆ ਰਜਿ ਰਜਿ ਸੇਈ ਖਾਹਿ॥੩॥		Jinee Guroo Manaaeiaa Raj Raj Saeee Khaahi ||3||	Those who obey their Guru, eat and are totally satisfied. ||3||	ਜੇ ਉਹਨਾਂ ਨੇ (ਆਪਣੇ) ਗੁਰੂ ਨੂੰ ਖ਼ੁਸ਼ ਕਰ ਲਿਆ ਹੈ (ਜੇ ਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ ਉਹਨਾਂ ਆਪਣੇ ਗੁਰੂ ਦੀ ਪ੍ਰਸੰਨਤਾ ਹਾਸਲ ਕਰ ਲਈ ਹੈ) ਤਾਂ ਉਹ ਉਹਨਾਂ ਭੁਸਰੀਆਂ ਨੂੰ ਧਰਤੀ ਉਤੇ ਪਕਾਈਆਂ ਰੋਟੀਆਂ ਨੂੰ ਹੀ ਸੁਆਦ ਨਾਲ ਖਾਂਦੇ ਹਨ (ਭਾਵ, ਗ਼ਰੀਬ ਮਨੁੱਖਾਂ ਨੂੰ ਗ਼ਰੀਬੀ ਵਿਚ ਹੀ ਸੁਖੀ ਜੀਵਨ ਅਨੁਭਵ ਹੁੰਦਾ ਹੈ ਜੇ ਉਹ ਗੁਰੂ ਦੇ ਰਸਤੇ ਤੁਰ ਕੇ ਗੁਰੂ ਦੀ ਪ੍ਰਸੰਨਤਾ ਪ੍ਰਾਪਤ ਕਰ ਲੈਂਦੇ ਹਨ) ॥੩॥
47068	1096	ਪਉੜੀ॥		Pourree ||	Pauree:	
47069	1096	ਤੁਧੁ ਜਗ ਮਹਿ ਖੇਲੁ ਰਚਾਇਆ ਵਿਚਿ ਹਉਮੈ ਪਾਈਆ॥		Thudhh Jag Mehi Khael Rachaaeiaa Vich Houmai Paaeeaa ||	You have staged this play in the world, and infused egotism into all beings.	ਹੇ ਪ੍ਰਭੂ! ਤੂੰ ਜੀਵਾਂ ਦੇ ਅੰਦਰ ਹਉਮੈ ਪਾ ਦਿੱਤੀ ਹੈ, (ਤੇ ਇਸ ਤਰ੍ਹਾਂ) ਜਗਤ ਵਿਚ ਇਕ ਤਮਾਸ਼ਾ ਰਚ ਦਿੱਤਾ ਹੈ।

47070	1096	ਏਕੁ ਮੰਦਰੁ ਪੰਚ ਚੋਰ ਹਹਿ ਨਿਤ ਕਰਹਿ ਬੁਰਿਆਈਆ॥		Eaek Mandhar Panch Chor Hehi Nith Karehi Buriaaeeaa ||	In the one temple of the body are the five thieves, who continually misbehave.	ਇਹ ਮਨੁੱਖਾ ਸਰੀਰ ਇਕ ਹੈ (ਇਸ ਵਿਚ) ਕਾਮਾਦਿਕ ਪੰਜ ਚੋਰ ਹਨ ਜੋ ਸਦਾ ਹੀ ਭੈੜ ਕਰਦੇ ਰਹਿੰਦੇ ਹਨ।
47071	1096	ਦਸ ਨਾਰੀ ਇਕੁ ਪੁਰਖੁ ਕਰਿ ਦਸੇ ਸਾਦਿ ਲੁਭਾਈਆ॥	ਦਸ: ਪੋਲਾ ਬੋਲੋ	Dhas Naaree Eik Purakh Kar Dhasae Saadh Luobhaaeeaa ||	The ten brides, the sensory organs were created, and the one husband, the self; the ten are engrossed in flavors and tastes.	(ਇਕ ਪਾਸੇ) ਮਨ ਇਕੱਲਾ ਹੈ, (ਇਸ ਦੇ ਨਾਲ) ਦਸ ਇੰਦ੍ਰੀਆਂ ਹਨ, ਇਹ ਦਸੇ ਹੀ (ਮਾਇਆ ਦੇ) ਸੁਆਦ ਵਿਚ ਫਸੀਆਂ ਹੋਈਆਂ ਹਨ।
47072	1096	ਏਨਿ ਮਾਇਆ ਮੋਹਣੀ ਮੋਹੀਆ ਨਿਤ ਫਿਰਹਿ ਭਰਮਾਈਆ॥		Eaen Maaeiaa Mohanee Moheeaa Nith Firehi Bharamaaeeaa ||	This Maya fascinates and entices them; they wander continually in doubt.	ਇਸ ਮੋਹਣੀ ਮਾਇਆ ਨੇ ਇਹਨਾਂ ਨੂੰ ਮੋਹਿਆ ਹੋਇਆ ਹੈ (ਇਸ ਵਾਸਤੇ ਇਹ) ਸਦਾ ਭਟਕਦੀਆਂ ਫਿਰਦੀਆਂ ਹਨ।
47073	1096	ਹਾਠਾ ਦੋਵੈ ਕੀਤੀਓ ਸਿਵ ਸਕਤਿ ਵਰਤਾਈਆ॥	ਹਾਠਾਂ	Haathaa Dhovai Keetheeou Siv Sakath Varathaaeeaa ||	You created both sides, spirit and matter, Shiva and Shakti.	(ਪਰ) ਇਹ ਦੋਵੇਂ ਪਾਸੇ ਤੂੰ ਆਪ ਹੀ ਬਣਾਏ ਹਨ, ਜੀਵਾਤਮਾ ਤੇ ਮਾਇਆ ਦੀ ਖੇਡ ਤੂੰ ਹੀ ਰਚੀ ਹੈ।
47074	1096	ਸਿਵ ਅਗੈ ਸਕਤੀ ਹਾਰਿਆ ਏਵੈ ਹਰਿ ਭਾਈਆ॥		Siv Agai Sakathee Haariaa Eaevai Har Bhaaeeaa ||	Matter loses out to spirit; this is pleasing to the Lord.	ਹੇ ਹਰੀ! ਤੈਨੂੰ ਇਉਂ ਹੀ ਚੰਗਾ ਲੱਗਾ ਹੈ ਕਿ ਜੀਵਾਤਮਾ ਮਾਇਆ ਦੇ ਟਾਕਰੇ ਤੇ ਹਾਰ ਰਿਹਾ ਹੈ।

47075	1096	ਇਕਿ ਵਿਚਹੁ ਹੀ ਤੁਧੁ ਰਖਿਆ ਜੋ ਸਤਸੰਗਿ ਮਿਲਾਈਆ॥		Eik Vichahu Hee Thudhh Rakhiaa Jo Sathasang Milaaeeaa ||	You enshrined spirit within, which leads to merger with the Sat Sangat, the True Congregation.	ਪਰ ਜਿਨ੍ਹਾਂ ਨੂੰ ਤੂੰ ਸਤਸੰਗ ਵਿਚ ਜੋੜਿਆ ਹੈ ਉਹਨਾਂ ਨੂੰ ਤੂੰ ਮਾਇਆ ਵਿਚੋਂ ਬਚਾ ਲਿਆ ਹੈ (ਤੇ ਆਪਣੇ ਚਰਨਾਂ ਵਿਚ ਲੀਨ ਕਰ ਰੱਖਿਆ ਹੈ)
47076	1096	ਜਲ ਵਿਚਹੁ ਬਿੰਬੁ ਉਠਾਲਿਓ ਜਲ ਮਾਹਿ ਸਮਾਈਆ॥੬॥		Jal Vichahu Binb Outhaaliou Jal Maahi Samaaeeaa ||6||	Within the bubble, You formed the bubble, which shall once again merge into the water. ||6||	ਜਿਵੇਂ ਪਾਣੀ ਵਿਚੋਂ ਬੁਲਬੁਲਾ ਪੈਦਾ ਹੁੰਦਾ ਹੈ ਤੇ ਪਾਣੀ ਵਿਚ ਹੀ ਲੀਨ ਹੋ ਜਾਂਦਾ ਹੈ (ਉਹ ਤੇਰੇ ਅੰਦਰ ਲੀਨ ਹੋਏ ਰਹਿੰਦੇ ਹਨ) ॥੬॥
47077	1096	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	
47078	1096	ਆਗਾਹਾ ਕੂ ਤ੍ਰਾਘਿ ਪਿਛਾ ਫੇਰਿ ਨ ਮੁਹਡੜਾ॥	ਮੁਹਡ-ੜਾ: ਪੋਲਾ ਬੋਲੋ	Aagaahaa Koo Thraagh Pishhaa Faer N Muhaddarraa ||	Look ahead; don't turn your face backwards.	ਅਗਾਂਹ ਵਧਣ ਲਈ ਤਾਂਘ ਕਰ, ਪਿਛਾਂਹ ਨੂੰ ਮੋਢਾ ਨ ਮੋੜ (ਜੀਵਨ ਨੂੰ ਹੋਰ ਹੋਰ ਉੱਚਾ ਬਣਾਣ ਲਈ ਉੱਦਮ ਕਰ, ਨੀਵਾਂ ਨ ਹੋਣ ਦੇ)।
47079	1096	ਨਾਨਕ ਸਿਝਿ ਇਵੇਹਾ ਵਾਰ ਬਹੁੜਿ ਨ ਹੋਵੀ ਜਨਮੜਾ॥੧॥		Naanak Sijh Eivaehaa Vaar Bahurr N Hovee Janamarraa ||1||	O Nanak, be successful this time, and you shall not be reincarnated again. ||1||	ਹੇ ਨਾਨਕ! ਇਸੇ ਜਨਮ ਵਿਚ ਕਾਮਯਾਬ ਹੋ (ਜੀਵਨ-ਖੇਡ ਜਿੱਤ) ਤਾਕਿ ਮੁੜ ਜਨਮ ਨਾਹ ਲੈਣਾ ਪਏ ॥੧॥
47080	1096	ਮਃ ੫॥		Ma 5 ||	Fifth Mehl:	

47081	1096	ਸਜਣੁ ਮੈਡਾ ਚਾਈਆ ਹਭ ਕਹੀ ਦਾ ਮਿਤੁ॥	ਹੱਭ	Sajan Maiddaa Chaaeeaa Habh Kehee Dhaa Mith ||	My joyful friend is called the friend of all.	ਮੇਰਾ ਮਿਤ੍ਰ-ਪ੍ਰਭੂ ਪਿਆਰ-ਭਰੇ ਦਿਲ ਵਾਲਾ ਹੈ, ਹਰ ਕਿਸੇ ਦਾ ਮਿੱਤਰ ਹੈ (ਹਰੇਕ ਨਾਲ ਪਿਆਰ ਕਰਦਾ ਹੈ)।
47082	1096	ਹਭੇ ਜਾਣਨਿ ਆਪਣਾ ਕਹੀ ਨ ਠਾਹੇ ਚਿਤੁ॥੨॥		Habhae Jaanan Aapanaa Kehee N Thaahae Chith ||2||	All think of Him as their own; He never breaks anyone's heart. ||2||	ਸਾਰੇ ਹੀ ਜੀਵ ਉਸ ਪ੍ਰਭੂ ਨੂੰ ਆਪਣਾ (ਮਿਤ੍ਰ) ਜਾਣਦੇ ਹਨ, ਉਹ ਕਿਸੇ ਦਾ ਦਿਲ ਤੋੜਦਾ ਨਹੀਂ ॥੨॥
47083	1096	ਮਃ ੫॥		Ma 5 ||	Fifth Mehl:	
47084	1096	ਗੁਝੜਾ ਲਧਮੁ ਲਾਲੁ ਮਥੈ ਹੀ ਪਰਗਟੁ ਥਿਆ॥	ਗੁੱਝੜਾ, ਲੱਧਮੁ,ਮੱਥੈ	Gujharraa Ladhham Laal Mathhai Hee Paragatt Thhiaa ||	The hidden jewel has been found; it has appeared on my forehead.	(ਪ੍ਰਭੂ-ਪਤੀ ਦੀ ਮਿਹਰ ਹੋਈ, ਤਾਂ ਉਹ ਪ੍ਰਭੂ-) ਲਾਲ ਮੇਰੇ ਅੰਦਰ ਲੁਕਿਆ ਹੋਇਆ ਹੀ ਮੈਨੂੰ ਲੱਭ ਪਿਆ, (ਇਸ ਦੀ ਬਰਕਤਿ ਨਾਲ) ਮੇਰੇ ਮੱਥੇ ਉਤੇ ਪਰਕਾਸ਼ ਹੋ ਗਿਆ (ਭਾਵ, ਮੇਰਾ ਮਨ ਤਨ ਖਿੜ ਪਿਆ)।
47085	1096	ਸੋਈ ਸੁਹਾਵਾ ਥਾਨੁ ਜਿਥੈ ਪਿਰੀਏ ਨਾਨਕ ਜੀ ਤੂ ਵੁਠਿਆ॥੩॥		Soee Suhaavaa Thhaan Jithhai Pireeeae Naanak Jee Thoo Vuthiaa ||3||	Beautiful and exalted is that place, O Nanak, where You dwell, O my Dear Lord. ||3||	ਨਾਨਕ ਆਖਦਾ ਹੈ- ਹੇ ਪ੍ਰਭੂ-ਪਤੀ! ਜਿਸ ਹਿਰਦੇ ਵਿਚ ਤੂੰ ਆ ਵੱਸਦਾ ਹੈਂ, ਉਹ ਹਿਰਦਾ ਸੋਹਣਾ ਹੋ ਜਾਂਦਾ ਹੈ ॥੩॥
47086	1096	ਪਉੜੀ॥		Pourree ||	Pauree:	

47087	1096	ਜਾ ਤੂ ਮੇਰੈ ਵਲਿ ਹੈ ਤਾ ਕਿਆ ਮੁਹਛੰਦਾ॥	ਵੱਲਿ। ਮੁਹ-ਛੰਦਾ	Jaa Thoo Maerai Val Hai Thaa Kiaa Muhashhandhaa ||	When You are on my side, Lord, what do I need to worry about?	ਹੇ ਪ੍ਰਭੂ! ਜਦੋਂ ਤੂੰ ਮੇਰੀ ਸਹਾਇਤਾ ਤੇ ਹੋਵੇਂ, ਤਾਂ ਮੈਨੂੰ ਕਿਸੇ ਹੋਰ ਦੀ ਕੋਈ ਮੁਥਾਜੀ ਨਹੀਂ ਰਹਿ ਜਾਂਦੀ।
47088	1096	ਤੁਧੁ ਸਭੁ ਕਿਛੁ ਮੈਨੋ ਸਉਪਿਆ ਜਾ ਤੇਰਾ ਬੰਦਾ॥		Thudhh Sabh Kishh Maino Soupiaa Jaa Thaeraa Bandhaa ||	You entrusted everything to me, when I became Your slave.	ਜਦੋਂ ਮੈਂ ਤੇਰਾ ਸੇਵਕ ਬਣਦਾ ਹਾਂ, ਤਾਂ ਤੂੰ ਮੈਨੂੰ ਸਭ ਕੁਝ ਦੇ ਦੇਂਦਾ ਹੈਂ।
47089	1096	ਲਖਮੀ ਤੋਟਿ ਨ ਆਵਈ ਖਾਇ ਖਰਚਿ ਰਹੰਦਾ॥		Lakhamee Thott N Aavee Khaae Kharach Rehandhaa ||	My wealth is inexhaustible, no matter how much I spend and consume.	ਮੈਨੂੰ ਧਨ-ਪਦਾਰਥ ਦੀ ਕੋਈ ਕਮੀ ਨਹੀਂ ਰਹਿੰਦੀ ਮੈਂ (ਤੇਰਾ ਇਹ ਨਾਮ-ਧਨ) ਵਰਤਦਾ ਹਾਂ ਵੰਡਦਾ ਹਾਂ ਤੇ ਇਕੱਠਾ ਭੀ ਕਰਦਾ ਹਾਂ।
47090	1096	ਲਖ ਚਉਰਾਸੀਹ ਮੇਦਨੀ ਸਭ ਸੇਵ ਕਰੰਦਾ॥		Lakh Chouraaseeh Maedhanee Sabh Saev Karandhaa ||	The 8.4 million species of beings all work to serve me.	ਧਰਤੀ ਦੇ ਚੌਰਾਸੀ ਲੱਖ ਜੀਵ ਹੀ ਮੇਰੀ ਸੇਵਾ ਕਰਨ ਲੱਗ ਪੈਂਦੇ ਹਨ।
47091	1096	ਏਹ ਵੈਰੀ ਮਿਤ੍ਰ ਸਭਿ ਕੀਤਿਆ ਨਹ ਮੰਗਹਿ ਮੰਦਾ॥		Eaeh Vairee Mithr Sabh Keethiaa Neh Mangehi Mandhaa ||	All these enemies have become my friends, and no one wishes me ill.	ਤੂੰ ਵੈਰੀਆਂ ਨੂੰ ਭੀ ਮੇਰੇ ਮਿਤ੍ਰ ਬਣਾ ਦੇਂਦਾ ਹੈਂ, ਕੋਈ ਭੀ ਮੇਰਾ ਬੁਰਾ ਨਹੀਂ ਚਿਤਵਦੇ।
47092	1096	ਲੇਖਾ ਕੋਇ ਨ ਪੁਛਈ ਜਾ ਹਰਿ ਬਖਸੰਦਾ॥		Laekhaa Koe N Pushhee Jaa Har Bakhasandhaa ||	No one calls me to account, since God is my forgiver.	ਹੇ ਹਰੀ! ਜਦੋਂ ਤੂੰ ਮੈਨੂੰ ਬਖ਼ਸ਼ਣ ਵਾਲਾ ਹੋਵੇਂ, ਤਾਂ ਕੋਈ ਭੀ ਮੈਨੂੰ ਮੇਰੇ ਕੀਤੇ ਕਰਮਾਂ ਦਾ ਹਿਸਾਬ ਨਹੀਂ ਪੁੱਛਦਾ,

47093	1096	ਅਨੰਦੁ ਭਇਆ ਸੁਖੁ ਪਾਇਆ ਮਿਲਿ ਗੁਰ ਗੋਵਿੰਦਾ॥		Anandh Bhaeiaa Sukh Paaeiaa Mil Gur Govindhaa ||	I have become blissful, and I have found peace, meeting with the Guru, the Lord of the Universe.	ਕਿਉਂਕਿ ਗੋਵਿੰਦ-ਰੂਪ ਗੁਰੂ ਨੂੰ ਮਿਲ ਕੇ ਮੇਰੇ ਅੰਦਰ ਠੰਢ ਪੈ ਜਾਂਦੀ ਹੈ ਮੈਨੂੰ ਸੁਖ ਪ੍ਰਾਪਤ ਹੋ ਜਾਂਦਾ ਹੈ।
47094	1096	ਸਭੇ ਕਾਜ ਸਵਾਰਿਐ ਜਾ ਤੁਧੁ ਭਾਵੰਦਾ॥੭॥		Sabhae Kaaj Savaariai Jaa Thudhh Bhaavandhaa ||7||	All my affairs have been resolved, since You are pleased with me. ||7||	ਜਦੋਂ ਤੇਰੀ ਰਜ਼ਾ ਹੋਵੇ, ਤਾਂ ਮੇਰੇ ਸਾਰੇ ਕੰਮ ਸੰਵਰ ਜਾਂਦੇ ਹਨ ॥੭॥
47095	1096	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	
47096	1096	ਡੇਖਣ ਕੂ ਮੁਸਤਾਕੁ ਮੁਖੁ ਕਿਜੇਹਾ ਤਉ ਧਣੀ॥	ਕਿ-ਜੇਹਾ	Ddaekhan Koo Musathaak Mukh Kijaehaa Tho Dhhanee ||	I am so eager to see You, O Lord; what does Your face look like?	ਹੇ (ਮੇਰੇ) ਮਾਲਕ! ਤੇਰਾ ਮੂੰਹ ਕਿਹੋ ਜਿਹਾ ਹੈ? ਮੈਂ ਤੇਰਾ ਮੁਖ ਦੇਖਣ ਦਾ ਬੜਾ ਚਾਹਵਾਨ ਸਾਂ,
47097	1096	ਫਿਰਦਾ ਕਿਤੈ ਹਾਲਿ ਜਾ ਡਿਠਮੁ ਤਾ ਮਨੁ ਧ੍ਰਾਪਿਆ॥੧॥		Firadhaa Kithai Haal Jaa Dditham Thaa Man Dhhraapiaa ||1||	I wandered around in such a miserable state, but when I saw You, my mind was comforted and consoled. ||1||	(ਮਾਇਆ-ਵੱਸ ਹੋ ਕੇ) ਮੈਂ ਕਿਸੇ ਭੈੜੇ ਹਾਲ ਵਿਚ ਭਟਕਦਾ ਫਿਰਦਾ ਸਾਂ, ਪਰ ਜਦੋਂ ਤੇਰਾ ਮੂੰਹ ਮੈਂ ਵੇਖ ਲਿਆ, ਤਾਂ ਮੇਰਾ ਮਨ (ਮਾਇਆ ਵਲੋਂ) ਤ੍ਰਿਪਤ ਹੋ ਗਿਆ ॥੧॥
47098	1097	ਮਃ ੫॥		Ma 5 ||	Fifth Mehl:	

47099	1097	ਦੁਖੀਆ ਦਰਦ ਘਣੇ ਵੇਦਨ ਜਾਣੇ ਤੂ ਧਣੀ॥	(ਵੇੱਦਨ) ਪੀੜਾ	Dhukheeaa Dharadh Ghanae Vaedhan Jaanae Thoo Dhhanee ||	The miserable endure so much suffering and pain; You alone know their pain, Lord.	(ਪ੍ਰਭੂ ਦੇ ਦਰਸਨ ਖੁਣੋਂ) ਮੈਂ ਦੁਖੀ ਹਾਂ, ਮੇਰੇ ਅੰਦਰ ਅਨੇਕਾਂ ਪੀੜਾਂ ਹਨ। ਹੇ ਖਸਮ! ਮੇਰੇ ਦਿਲ ਦੀ ਪੀੜ ਤੂੰ ਹੀ ਜਾਣਦਾ ਹੈਂ।
47100	1097	ਜਾਣਾ ਲਖ ਭਵੇ ਪਿਰੀ ਡਿਖੰਦੋ ਤਾ ਜੀਵਸਾ॥੨॥	ਲੱਖ	Jaanaa Lakh Bhavae Piree Ddikhandho Thaa Jeevasaa ||2||	I may know hundreds of thousands of remedies, but I shall live only if I see my Husband Lord. ||2||	ਪਰ ਭਾਵੇਂ ਮੈਨੂੰ ਲੱਖ ਪਤਾ ਹੋਵੇ (ਕਿ ਤੂੰ ਮੇਰੀ ਵੇਦਨ ਜਾਣਦਾ ਹੈਂ, ਫਿਰ ਭੀ) ਮੈਨੂੰ ਸੁਖ ਦਾ ਸਾਹ ਤਦੋਂ ਹੀ ਆਉਂਦਾ ਹੈ ਜਦੋਂ ਮੈਂ ਤੇਰਾ ਦਰਸਨ ਕਰਾਂ ॥੨॥
47101	1097	ਮਃ ੫॥		Ma 5 ||	Fifth Mehl:	
47102	1097	ਢਹਦੀ ਜਾਇ ਕਰਾਰਿ ਵਹਣਿ ਵਹੰਦੇ ਮੈ ਡਿਠਿਆ॥		Dtehadhee Jaae Karaar Vehan Vehandhae Mai Ddithiaa ||	I have seen the river-bank washed away by the raging waters of the river.	(ਸੰਸਾਰ-ਨਦੀ ਵਿਚ ਵਿਕਾਰਾਂ ਨੇ ਢਾਹ ਲਾਈ ਹੋਈ ਹੈ, ਨਦੀ ਦਾ) ਕੰਢਾ ਢਹਿੰਦਾ ਜਾ ਰਿਹਾ ਹੈ, (ਵਿਕਾਰਾਂ ਦੇ) ਰੋੜ੍ਹ ਵਿਚ ਅਨੇਕਾਂ ਬੰਦੇ ਰੁੜ੍ਹਦੇ ਮੈਂ (ਆਪ) ਵੇਖੇ ਹਨ।
47103	1097	ਸੇਈ ਰਹੇ ਅਮਾਣ ਜਿਨਾ ਸਤਿਗੁਰੁ ਭੇਟਿਆ॥੩॥		Saeee Rehae Amaan Jinaa Sathigur Bhaettiaa ||3||	They alone remain intact, who meet with the True Guru. ||3||	ਉਹੀ ਸਹੀ-ਸਲਾਮਤ ਰਹਿੰਦੇ ਹਨ, ਜਿਨ੍ਹਾਂ ਨੂੰ ਸਤਿਗੁਰੂ ਮਿਲ ਪੈਂਦਾ ਹੈ ॥੩॥
47104	1097	ਪਉੜੀ॥		Pourree ||	Pauree:	
47105	1097	ਜਿਸੁ ਜਨ ਤੇਰੀ ਭੁਖ ਹੈ ਤਿਸੁ ਦੁਖੁ ਨ ਵਿਆਪੈ॥		Jis Jan Thaeree Bhukh Hai This Dhukh N Viaapai ||	No pain afflicts that humble being who hungers for You, Lord.	ਹੇ ਪ੍ਰਭੂ! ਜਿਸ ਮਨੁੱਖ ਨੂੰ ਤੇਰੇ ਨਾਮ ਦੀ ਤਾਂਘ ਹੈ ਉਸ ਮਨੁੱਖ ਨੂੰ ਕੋਈ ਦੁੱਖ ਪੋਹ ਨਹੀਂ ਸਕਦਾ।

47106	1097	ਜਿਨਿ ਜਨਿ ਗੁਰਮੁਖਿ ਬੁਝਿਆ ਸੁ ਚਹੁ ਕੁੰਡੀ ਜਾਪੈ॥	ਬੁੱਝਿਆ। ਕੁੰਡੀਂ	Jin Jan Guramukh Bujhiaa S Chahu Kunddee Jaapai ||	That humble Gurmukh who understands, is celebrated in the four directions.	ਜਿਸ ਸੇਵਕ ਨੇ ਗੁਰੂ ਦੀ ਸਰਨ ਪੈ ਕੇ ਤੇਰੇ ਨਾਲ ਸਾਂਝ ਪਾਈ ਹੈ ਉਹ ਸਾਰੇ ਜਗਤ ਵਿਚ ਪਰਗਟ ਹੋ ਜਾਂਦਾ ਹੈ।
47107	1097	ਜੋ ਨਰੁ ਉਸ ਕੀ ਸਰਣੀ ਪਰੈ ਤਿਸੁ ਕੰਬਹਿ ਪਾਪੈ॥		Jo Nar Ous Kee Saranee Parai This Kanbehi Paapai ||	Sins run away from that man, who seeks the Sanctuary of the Lord.	(ਫਿਰ) ਜੋ ਮਨੁੱਖ ਉਸ ਸੇਵਕ ਦੀ ਸਰਨ ਪੈਂਦਾ ਹੈ, ਉਸ ਦੇ ਭੀ ਨੇੜੇ ਕੋਈ ਪਾਪ ਨਹੀਂ ਢੁਕਦੇ।
47108	1097	ਜਨਮ ਜਨਮ ਕੀ ਮਲੁ ਉਤਰੈ ਗੁਰ ਧੂੜੀ ਨਾਪੈ॥	ਨ੍ਹਾਪੈ	Janam Janam Kee Mal Outharai Gur Dhoorree Naapai ||	The filth of countless incarnations is washed away, bathing in the dust of the Guru's feet.	ਗੁਰੂ ਦੀ ਚਰਨਾਂ ਦੀ ਧੂੜ ਵਿਚ ਇਸ਼ਨਾਨ ਕਰ ਕੇ ਉਸ ਦੀ ਕਈ ਜਨਮਾਂ ਦੀ (ਵਿਕਾਰਾਂ ਦੀ) ਮੈਲ ਲਹਿ ਜਾਂਦੀ ਹੈ।
47109	1097	ਜਿਨਿ ਹਰਿ ਭਾਣਾ ਮੰਨਿਆ ਤਿਸੁ ਸੋਗੁ ਨ ਸੰਤਾਪੈ॥		Jin Har Bhaanaa Manniaa This Sog N Santhaapai ||	Whoever submits to the Lord's Will does not suffer in sorrow.	ਜਿਸ ਮਨੁੱਖ ਨੇ ਪ੍ਰਭੂ ਦੀ ਰਜ਼ਾ ਨੂੰ (ਮਿੱਠਾ ਕਰ ਕੇ) ਮੰਨ ਲਿਆ ਹੈ ਉਸ ਨੂੰ ਕੋਈ ਚਿੰਤਾ-ਫ਼ਿਕਰ ਦੁੱਖ ਨਹੀਂ ਦੇ ਸਕਦਾ।
47110	1097	ਹਰਿ ਜੀਉ ਤੂ ਸਭਨਾ ਕਾ ਮਿਤੁ ਹੈ ਸਭਿ ਜਾਣਹਿ ਆਪੈ॥		Har Jeeo Thoo Sabhanaa Kaa Mith Hai Sabh Jaanehi Aapai ||	O Dear Lord, You are the friend of all; all believe that You are theirs.	ਹੇ ਪ੍ਰਭੂ ਜੀ! ਤੂੰ ਸਾਰੇ ਜੀਵਾਂ ਦਾ ਮਿੱਤਰ ਹੈਂ, ਸਾਰੇ ਜੀਵਾਂ ਨੂੰ ਤੂੰ ਆਪਣੇ ਸਮਝਦਾ ਹੈਂ।

47111	1097	ਐਸੀ ਸੋਭਾ ਜਨੈ ਕੀ ਜੇਵਡੁ ਹਰਿ ਪਰਤਾਪੈ॥		Aisee Sobhaa Janai Kee Jaevadd Har Parathaapai ||	The glory of the Lord's humble servant is as great as the Glorious Radiance of the Lord.	ਪ੍ਰਭੂ ਦੇ ਸੇਵਕ ਦੀ ਸੋਭਾ ਉਤਨੀ ਹੀ ਵੱਡੀ ਹੋ ਜਾਂਦੀ ਹੈ ਜਿਤਨਾ ਵੱਡਾ ਪ੍ਰਭੂ ਦਾ ਆਪਣਾ ਤੇਜ-ਪਰਤਾਪ ਹੈ।
47112	1097	ਸਭ ਅੰਤਰਿ ਜਨ ਵਰਤਾਇਆ ਹਰਿ ਜਨ ਤੇ ਜਾਪੈ॥੮॥		Sabh Anthar Jan Varathaaeiaa Har Jan Thae Jaapai ||8||	Among all, His humble servant is pre-eminent; through His humble servant, the Lord is known. ||8||	ਪ੍ਰਭੂ ਆਪਣੇ ਸੇਵਕ ਦੀ ਵਡਿਆਈ ਸਭ ਜੀਵਾਂ ਦੇ ਅੰਦਰ ਟਿਕਾ ਦੇਂਦਾ ਹੈ। ਪ੍ਰਭੂ ਆਪਣੇ ਸੇਵਕ ਤੋਂ ਹੀ ਪਛਾਣਿਆ ਜਾਂਦਾ ਹੈ ॥੮॥
47113	1097	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	
47114	1097	ਜਿਨਾ ਪਿਛੈ ਹਉ ਗਈ ਸੇ ਮੈ ਪਿਛੈ ਭੀ ਰਵਿਆਸੁ॥		Jinaa Pishhai Ho Gee Sae Mai Pishhai Bhee Raviaas ||	Those whom I followed, now follow me.	(ਮਾਇਆ ਦਾ ਅਜਬ ਪ੍ਰਭਾਵ ਹੈ, ਸਭ ਮਾਇਆ ਦੀ ਖ਼ਾਤਰ ਭਟਕਦੇ ਫਿਰਦੇ ਹਨ, ਮਾਇਆ ਵਾਸਤੇ) ਜਿਨ੍ਹਾਂ ਬੰਦਿਆਂ ਦੇ ਪਿਛੇ ਮੈਂ ਜਾਂਦਾ ਹਾਂ (ਜਿਨ੍ਹਾਂ ਦੀ ਮੁਥਾਜੀ ਮੈਂ ਕੱਢਦਾ ਹਾਂ, ਜਦੋਂ ਮੈਂ ਉਹਨਾਂ ਵਲ ਤੱਕਦਾ ਹਾਂ, ਤਾਂ) ਉਹ ਭੀ ਮੇਰੇ ਪਿਛੇ ਪਿਛੇ ਤੁਰੇ ਫਿਰਦੇ ਹਨ।
47115	1097	ਜਿਨਾ ਕੀ ਮੈ ਆਸੜੀ ਤਿਨਾ ਮਹਿਜੀ ਆਸ॥੧॥		Jinaa Kee Mai Aasarree Thinaa Mehijee Aas ||1||	Those in whom I placed my hopes, now place their hopes in me. ||1||	ਜਿਨ੍ਹਾਂ ਦੀ ਸਹੈਤਾ ਦੀ ਮੈਂ ਆਸ ਰੱਖੀ ਫਿਰਦਾ ਹਾਂ, ਉਹ ਮੈਥੋਂ ਆਸ ਬਣਾਈ ਬੈਠੇ ਹਨ ॥੧॥
47116	1097	ਮਃ ੫॥		Ma 5 ||	Fifth Mehl:	

47117	1097	ਗਿਲੀ ਗਿਲੀ ਰੋਡੜੀ ਭਉਦੀ ਭਵਿ ਭਵਿ ਆਇ॥	ਮਾਇਆ ਰੂਪੀ (ਗੁੜ) ਦੀ, ਵਿਸ਼ਿਆਂ ਦੀ ਸਲ੍ਹਾਭ ਵਾਲੀ, ਗਿੱਲੀ ਗਿੱਲੀ (ਰੋਡੜੀ) ਰੋੜੀ ।ਲਾਲਚੀ ਰੂਪੀ ਮੱਖੀ। ਬਾਰ-ਬਾਰ ਜਨਮਾਂ ਚ ਭਉਂਦੀ ਭਉਂਦੀ, ਭਵਿ ਭਉਂ ਭਉਂ ਕੇ, ਸੰਸਾਰ ਚ ਆਇ ਆਉਂਦੀ ਹੈ। ਗਿੱਲੀ	Gilee Gilee Roddarree Bhoudhee Bhav Bhav Aae ||	The fly flies around, and comes to the wet lump of molasses.	ਚਿਪ-ਚਿਪ ਕਰਦੀ ਗੁੜ ਦੀ ਰੌੜੀ ਉੱਤੇ ਮੱਖੀ ਮੁੜ ਮੁੜ ਉੱਡ ਕੇ ਆ ਬੈਠਦੀ ਹੈ (ਤੇ ਆਖ਼ਰ ਗੁੜ ਨਾਲ ਹੀ ਚੰਬੜ ਜਾਂਦੀ ਹੈ ਤੇ ਉਥੇ ਹੀ ਮਰ ਜਾਂਦੀ ਹੈ, ਇਹੀ ਹਾਲ ਹੈ ਮਾਇਆ ਦਾ)
47118	1097	ਜੋ ਬੈਠੇ ਸੇ ਫਾਥਿਆ ਉਬਰੇ ਭਾਗ ਮਥਾਇ॥੨॥	ਮੱਥਾਇ	Jo Baithae Sae Faathhiaa Oubarae Bhaag Mathhaae ||2||	Whoever sits on it, is caught; they alone are saved, who have good destiny on their foreheads. ||2||	ਜੇਹੜੇ ਜੇਹੜੇ ਬੰਦੇ (ਮਾਇਆ ਦੇ ਨੇੜੇ ਹੋ ਹੋ) ਬੈਠਦੇ ਹਨ ਉਹ (ਇਸ ਦੇ ਮੋਹ ਵਿਚ) ਫਸ ਜਾਂਦੇ ਹਨ, (ਸਿਰਫ਼) ਉਹੀ ਬਚਦੇ ਹਨ ਜਿਨ੍ਹਾਂ ਦੇ ਮੱਥੇ ਦੇ ਭਾਗ (ਜਾਗਦੇ ਹਨ) ॥੨॥
47119	1097	ਮਃ ੫॥		Ma 5 ||	Fifth Mehl:	
47120	1097	ਡਿਠਾ ਹਭ ਮਝਾਹਿ ਖਾਲੀ ਕੋਇ ਨ ਜਾਣੀਐ॥		Ddithaa Habh Majhaahi Khaalee Koe N Jaaneeai ||	I see Him within all. No one is without Him.	(ਇਹ ਅਸਚਰਜ ਖੇਡ ਹੈ ਕਿ ਜੀਵ ਮਾਇਆ ਦੇ ਮੋਹ ਵਿਚ ਫਸ ਜਾਂਦੇ ਹਨ। ਕੀ ਇਹਨਾਂ ਦੇ ਅੰਦਰ ਰੱਬ ਨਹੀਂ ਵੱਸਦਾ, ਜੋ ਇਹਨਾਂ ਨੂੰ ਬਚਾ ਲਏ? ਪਰਮਾਤਮਾ ਨੂੰ ਤਾਂ ਮੈਂ) ਹਰੇਕ ਦੇ ਅੰਦਰ ਵੱਸਦਾ ਵੇਖਿਆ ਹੈ, ਕੋਈ ਭੀ ਜੀਵ ਐਸਾ ਨਹੀਂ ਜਿਸ ਵਿਚ ਉਹ ਨਹੀਂ ਵੱਸਦਾ।

47121	1097	ਤੈ ਸਖੀ ਭਾਗ ਮਥਾਹਿ ਜਿਨੀ ਮੇਰਾ ਸਜਣੁ ਰਾਵਿਆ॥੩॥		Thai Sakhee Bhaag Mathhaahi Jinee Maeraa Sajan Raaviaa ||3||	Good destiny is inscribed on the forehead of that companion, who who enjoys the Lord, my Friend. ||3||	ਪਰ ਸਿਰਫ਼ ਉਹਨਾਂ (ਸਤ ਸੰਗਣ) ਸਹੇਲੀਆਂ ਦੇ ਮੱਥੇ ਦੇ ਭਾਗ ਜਾਗਦੇ ਹਨ (ਤੇ ਉਹੀ ਮਾਇਆ ਦੇ ਪ੍ਰਭਾਵ ਤੋਂ ਬਚਦੀਆਂ ਹਨ) ਜਿਨ੍ਹਾਂ ਨੇ ਪਿਆਰੇ ਮਿਤ੍ਰ-ਪ੍ਰਭੂ ਦਾ ਮਿਲਾਪ ਪ੍ਰਾਪਤ ਕੀਤਾ ਹੈ ॥੩॥
47122	1097	ਪਉੜੀ॥		Pourree ||	Pauree:	
47123	1097	ਹਉ ਢਾਢੀ ਦਰਿ ਗੁਣ ਗਾਵਦਾ ਜੇ ਹਰਿ ਪ੍ਰਭ ਭਾਵੈ॥		Ho Dtaadtee Dhar Gun Gaavadhaa Jae Har Prabh Bhaavai ||	I am a minstrel at His Door, singing His Glorious Praises, to please to my Lord God.	ਜੇ ਹਰੀ ਪ੍ਰਭੂ ਨੂੰ ਚੰਗਾ ਲੱਗੇ (ਜੇ ਪ੍ਰਭੂ ਦੀ ਰਜ਼ਾ ਹੋਵੇ, ਮੇਹਰ ਹੋਵੇ) ਤਾਂ ਮੈਂ ਢਾਢੀ (ਉਸ ਦੇ) ਦਰ ਤੇ (ਉਸ ਦੇ) ਗੁਣ ਗਾਂਦਾ ਹਾਂ।
47124	1097	ਪ੍ਰਭੁ ਮੇਰਾ ਥਿਰ ਥਾਵਰੀ ਹੋਰ ਆਵੈ ਜਾਵੈ॥		Prabh Maeraa Thhir Thhaavaree Hor Aavai Jaavai ||	My God is permanent and stable; others continue coming and going.	ਮੇਰਾ ਪ੍ਰਭੂ ਸਦਾ-ਥਿਰ ਟਿਕਾਣੇ ਵਾਲਾ ਹੈ, ਹੋਰ (ਸ੍ਰਿਸ਼ਟੀ) ਜੰਮਦੀ ਮਰਦੀ ਹੈ।
47125	1097	ਸੋ ਮੰਗਾ ਦਾਨੁ ਗੋਸਾਈਆ ਜਿਤੁ ਭੁਖ ਲਹਿ ਜਾਵੈ॥		So Mangaa Dhaan Guosaaeeaa Jith Bhukh Lehi Jaavai ||	I beg for that gift from the Lord of the World, which will satisfy my hunger.	ਹੇ ਧਰਤੀ ਦੇ ਸਾਂਈ! ਮੈਂ (ਤੈਥੋਂ) ਉਹ ਦਾਨ ਮੰਗਦਾ ਹਾਂ ਜਿਸ ਨਾਲ ਮੇਰੀ (ਮਾਇਆ ਦੀ) ਭੁੱਖ ਦੂਰ ਹੋ ਜਾਏ।

47126	1097	ਪ੍ਰਭ ਜੀਉ ਦੇਵਹੁ ਦਰਸਨੁ ਆਪਣਾ ਜਿਤੁ ਢਾਢੀ ਤ੍ਰਿਪਤਾਵੈ॥		Prabh Jeeo Dhaevahu Dharasan Aapanaa Jith Dtaadtee Thripathaavai ||	O Dear Lord God, please bless Your minstrel with the Blessed Vision of Your Darshan, that I might be satisfied and fulfilled.	ਹੇ ਪ੍ਰਭੂ ਜੀ! ਮੈਨੂੰ ਆਪਣਾ ਦਰਸਨ ਦਿਉ ਜਿਸ ਨਾਲ ਮੈਂ ਢਾਢੀ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਵਾਂ।
47127	1097	ਅਰਦਾਸਿ ਸੁਣੀ ਦਾਤਾਰਿ ਪ੍ਰਭਿ ਢਾਢੀ ਕਉ ਮਹਲਿ ਬੁਲਾਵੈ॥		Aradhaas Sunee Dhaathaar Prabh Dtaadtee Ko Mehal Bulaavai ||	God, the Great Giver, hears the prayer, and summons the minstrel to the Mansion of His Presence.	ਦਾਤਾਰ ਪ੍ਰਭੂ ਨੇ (ਮੇਰੀ) ਅਰਦਾਸ ਸੁਣ ਲਈ ਤੇ (ਮੈਨੂੰ) ਢਾਢੀ ਨੂੰ ਆਪਣੇ ਮਹਲ ਵਿਚ ਬੁਲਾ ਲਿਆ (ਬੁਲਾਉਂਦਾ ਹੈ);
47128	1097	ਪ੍ਰਭ ਦੇਖਦਿਆ ਦੁਖ ਭੁਖ ਗਈ ਢਾਢੀ ਕਉ ਮੰਗਣੁ ਚਿਤਿ ਨ ਆਵੈ॥		Prabh Dhaekhadhiaa Dhukh Bhukh Gee Dtaadtee Ko Mangan Chith N Aavai ||	Gazing upon God, the minstrel is rid of pain and hunger; he does not think to ask for anything else.	ਪ੍ਰਭੂ ਦਾ ਦੀਦਾਰ ਕਰਦਿਆਂ ਹੀ ਮੇਰੀ (ਮਾਇਆ ਵਾਲੀ) ਭੁੱਖ ਤੇ ਹੋਰ ਦੁੱਖ ਦੂਰ ਹੋ ਗਏ, ਮੈਨੂੰ ਢਾਢੀ ਨੂੰ ਇਹ ਚੇਤੇ ਹੀ ਨਾਹ ਰਿਹਾ ਕਿ ਮੈਂ ਕੁਝ ਮੰਗਾਂ,
47129	1097	ਸਭੇ ਇਛਾ ਪੂਰੀਆ ਲਗਿ ਪ੍ਰਭ ਕੈ ਪਾਵੈ॥		Sabhae Eishhaa Pooreeaa Lag Prabh Kai Paavai ||	All desires are fulfilled, touching the feet of God.	ਪ੍ਰਭੂ ਦੀ ਚਰਨੀਂ ਲੱਗ ਕੇ ਮੇਰੀਆਂ ਸਾਰੀਆਂ ਹੀ ਕਾਮਨਾਂ ਪੂਰੀਆਂ ਹੋ ਗਈਆਂ (ਮੇਰੀ ਕੋਈ ਵਾਸਨਾ ਰਹਿ ਹੀ ਨ ਗਈ)।

47130	1097	ਹਉ ਨਿਰਗੁਣੁ ਢਾਢੀ ਬਖਸਿਓਨੁ ਪ੍ਰਭਿ ਪੁਰਖਿ ਵੇਦਾਵੈ॥੯॥		Ho Niragun Dtaadtee Bakhasioun Prabh Purakh Vaedhaavai ||9||	I am His humble, unworthy minstrel; the Primal Lord God has forgiven me. ||9||	ਉਸ ਪ੍ਰਭੂ-ਪੁਰਖ ਨੇ ਮੈਨੂੰ ਨਿਮਾਣੇ ਗੁਣ-ਹੀਨ ਢਾਢੀ ਨੂੰ ਬਖ਼ਸ਼ ਲਿਆ ॥੯॥
47131	1097	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	
47132	1097	ਜਾ ਛੁਟੇ ਤਾ ਖਾਕੁ ਤੂ ਸੁੰਞੀ ਕੰਤੁ ਨ ਜਾਣਹੀ॥		Jaa Shhuttae Thaa Khaak Thoo Sunnjee Kanth N Jaanehee ||	When the soul leaves, you shall become dust, O vacant body; why do you not realize your Husband Lord?	(ਹੇ ਮੇਰੀ ਕਾਇਆ!) ਜਦੋਂ (ਤੇਰਾ ਤੇ ਇਸ ਜਿੰਦ ਦਾ ਸੰਬੰਧ) ਮੁੱਕ ਜਾਇਗਾ, ਤਦੋਂ ਤੂੰ ਮਿੱਟੀ ਹੋ ਜਾਇੰਗੀ, (ਉਸ ਵੇਲੇ) ਜਿੰਦ ਤੋਂ ਸੱਖਣੀ ਤੂੰ ਖਸਮ-ਪ੍ਰਭੂ ਨਾਲ ਸਾਂਝ ਨਹੀਂ ਪਾ ਸਕੇਂਗੀ।
47133	1097	ਦੁਰਜਨ ਸੇਤੀ ਨੇਹੁ ਤੂ ਕੈ ਗੁਣਿ ਹਰਿ ਰੰਗੁ ਮਾਣਹੀ॥੧॥		Dhurajan Saethee Naehu Thoo Kai Gun Har Rang Maanehee ||1||	You are in love with evil people; by what virtues will you enjoy the Lord's Love? ||1||	(ਹੁਣ) ਤੇਰਾ ਪਿਆਰ ਵਿਕਾਰਾਂ ਨਾਲ ਹੈ, (ਦੱਸ!) ਤੂੰ ਕਿਸ ਗੁਣ ਦੀ ਬਰਕਤਿ ਨਾਲ ਹਰੀ (ਦੇ ਮਿਲਾਪ) ਦਾ ਆਨੰਦ ਮਾਣ ਸਕਦੀ ਹੈਂ? ॥੧॥
47134	1097	ਮਃ ੫॥		Ma 5 ||	Fifth Mehl:	
47135	1097	ਨਾਨਕ ਜਿਸੁ ਬਿਨੁ ਘੜੀ ਨ ਜੀਵਣਾ ਵਿਸਰੇ ਸਰੈ ਨ ਬਿੰਦ॥		Naanak Jis Bin Gharree N Jeevanaa Visarae Sarai N Bindh ||	O Nanak, without Him, you cannot survive, even for an instant; you cannot afford to forget Him, even for a moment.	ਹੇ ਨਾਨਕ! ਜਿਸ (ਪ੍ਰਭੂ ਦੀ ਯਾਦ) ਤੋਂ ਬਿਨਾ ਇਕ ਘੜੀ ਭੀ ਸੁਖ ਦਾ ਸਾਹ ਨਹੀਂ ਆਉਂਦਾ (ਦੁਨੀਆ ਦੇ ਚਿੰਤਾ-ਫ਼ਿਕਰ ਹੀ ਜਾਨ ਖਾ ਜਾਂਦੇ ਹਨ), ਜਿਸ ਨੂੰ ਵਿਸਾਰਿਆਂ ਇਕ ਪਲ ਭਰ ਭੀ ਜੀਵਨ-ਨਿਰਬਾਹ ਨਹੀਂ ਹੋ ਸਕਦਾ,

47136	1097	ਤਿਸੁ ਸਿਉ ਕਿਉ ਮਨ ਰੂਸੀਐ ਜਿਸਹਿ ਹਮਾਰੀ ਚਿੰਦ॥੨॥		This Sio Kio Man Rooseeai Jisehi Hamaaree Chindh ||2||	Why are you alienated from Him, O my mind? He takes care of you. ||2||	(ਫਿਰ) ਹੇ ਮਨ! ਜਿਸ ਪ੍ਰਭੂ ਨੂੰ (ਹਰ ਵੇਲੇ) ਸਾਡਾ ਫ਼ਿਕਰ ਹੈ, ਉਸ ਨਾਲ ਰੁੱਸਣਾ ਠੀਕ ਨਹੀਂ ਹੈ ॥੨॥
47137	1097	ਮਃ ੫॥		Ma 5 ||	Fifth Mehl:	
47138	1097	ਰਤੇ ਰੰਗਿ ਪਾਰਬ੍ਰਹਮ ਕੈ ਮਨੁ ਤਨੁ ਅਤਿ ਗੁਲਾਲੁ॥		Rathae Rang Paarabreham Kai Man Than Ath Gulaal ||	Those who are imbued with the Love of the Supreme Lord God, their minds and bodies are colored deep crimson.	ਹੇ ਨਾਨਕ! ਜੇਹੜੇ ਬੰਦੇ ਪਰਮ ਜੋਤਿ-ਪ੍ਰਭੂ ਦੇ ਪਿਆਰ ਵਿਚ ਰੰਗੇ ਜਾਂਦੇ ਹਨ, ਉਹਨਾਂ ਦਾ ਤਨ ਮਨ (ਪਿਆਰ ਵਿਚ) ਗੂੜ੍ਹਾ ਲਾਲ ਹੋ ਜਾਂਦਾ ਹੈ।
47139	1097	ਨਾਨਕ ਵਿਣੁ ਨਾਵੈ ਆਲੂਦਿਆ ਜਿਤੀ ਹੋਰੁ ਖਿਆਲੁ॥੩॥	(ਆਲੂਦਿਆ) ਗੰਦੇ, ਭੈੜੇ। ਜਿਤੀ: ਪੋਲਾ ਬੋਲੋ (ਜਿਤੀ) ਜਿਤਨੇ	Naanak Vin Naavai Aaloodhiaa Jithee Hor Khiaal ||3||	O Nanak, without the Name, other thoughts are polluted and corrupt. ||3||	(ਪ੍ਰਭੂ ਦੇ ਪਿਆਰ ਨੂੰ ਘਟਾਣ ਵਾਲਾ) ਜਿਤਨਾ ਭੀ ਹੋਰ ਹੋਰ ਧਿਆਨ ਹੈ, ਉਹ ਪ੍ਰਭੂ ਦੇ ਨਾਮ ਦੀ ਯਾਦ ਤੋਂ ਵਾਂਜਿਆਂ ਰੱਖਦਾ ਹੈ ਤੇ (ਮਨ ਨੂੰ) ਮੈਲਾ ਕਰਦਾ ਹੈ ॥੩॥
47140	1097	ਪਵੜੀ॥		Pavarree ||	Pauree:	
47141	1097	ਹਰਿ ਜੀਉ ਜਾ ਤੂ ਮੇਰਾ ਮਿਤ੍ਰੁ ਹੈ ਤਾ ਕਿਆ ਮੈ ਕਾੜਾ॥		Har Jeeo Jaa Thoo Maeraa Mithra Hai Thaa Kiaa Mai Kaarraa ||	O Dear Lord, when You are my friend, what sorrow can afflict me?	ਹੇ ਹਰੀ ਜੀ! ਜਦੋਂ ਤੂੰ ਮੇਰਾ ਮਿਤ੍ਰ ਹੈਂ, ਤਾਂ ਮੈਨੂੰ ਕੋਈ ਚਿੰਤਾ-ਫ਼ਿਕਰ ਨਹੀਂ ਰਹਿ ਸਕਦਾ,

47142	1097	ਜਿਨੀ ਠਗੀ ਜਗੁ ਠਗਿਆ ਸੇ ਤੁਧੁ ਮਾਰਿ ਨਿਵਾੜਾ॥	(ਨਿਵਾੜਾ) ਨਵਿਰਤ। ਠੱਗੀਂ	Jinee Thagee Jag Thagiaa Sae Thudhh Maar Nivaarraa ||	You have beaten off and destroyed the cheats that cheat the world.	(ਕਿਉਂਕਿ) ਜਿਨ੍ਹਾਂ (ਕਾਮਾਦਿਕ) ਠੱਗਾਂ ਨੇ ਜਗਤ ਨੂੰ ਠੱਗ ਲਿਆ ਹੈ ਉਹ ਤੂੰ (ਮੇਰੇ ਅੰਦਰੋਂ) ਮਾਰ ਕੇ ਭਜਾ ਦਿੱਤੇ ਹਨ,
47143	1097	ਗੁਰਿ ਭਉਜਲੁ ਪਾਰਿ ਲੰਘਾਇਆ ਜਿਤਾ ਪਾਵਾੜਾ॥	ਜਿੱਤਾ	Gur Bhoujal Paar Langhaaeiaa Jithaa Paavaarraa ||	The Guru has carried me across the terrifying world-ocean, and I have won the battle.	ਗੁਰੂ ਦੀ ਰਾਹੀਂ ਤੂੰ ਮੈਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦਿੱਤਾ ਹੈ, ਮੈਂ ਮਾਇਆ ਦੇ ਜੰਜਾਲ ਜਿੱਤ ਲਏ ਹਨ।
47144	1097	ਗੁਰਮਤੀ ਸਭਿ ਰਸ ਭੋਗਦਾ ਵਡਾ ਆਖਾੜਾ॥		Guramathee Sabh Ras Bhogadhaa Vaddaa Aakhaarraa ||	Through the Guru's Teachings, I enjoy all the pleasures in the great world-arena.	ਹੁਣ ਮੈਂ ਗੁਰੂ ਦੇ ਉਪਦੇਸ਼ ਤੇ ਤੁਰ ਕੇ ਸਾਰੇ ਰੰਗ ਮਾਣਦਾ ਹਾਂ, ਮੈਂ ਇਸ ਵੱਡੇ ਜਗਤ-ਅਖਾੜੇ (ਨੂੰ ਜਿੱਤ ਲਿਆ ਹੈ)।
47145	1097	ਸਭਿ ਇੰਦ੍ਰੀਆ ਵਸਿ ਕਰਿ ਦਿਤੀਓ ਸਤਵੰਤਾ ਸਾੜਾ॥	ਇੰਦ੍ਰੀਆਂ। ਵੱਸਿ	Sabh Eindhreeaa Vas Kar Dhitheeou Sathavanthaa Saarraa ||	The True Lord has brought all my senses and organs under my control.	ਤੂੰ ਮੇਰਾ ਸਤਵੰਤਾ ਸਾਈਂ (ਮੇਰੇ ਸਿਰ ਉਤੇ) ਹੈਂ, ਤੂੰ ਮੇਰੀਆਂ ਸਾਰੀਆਂ ਇੰਦ੍ਰੀਆਂ ਮੇਰੇ ਕਾਬੂ ਵਿਚ ਕਰ ਦਿੱਤੀਆਂ ਹਨ,
47146	1098	ਜਿਤੁ ਲਾਈਅਨਿ ਤਿਤੈ ਲਗਦੀਆ ਨਹ ਖਿੰਜੋਤਾੜਾ॥	ਜਿਤੁ, ਤਿਤੈ: ਪੋਲੇ ਬੋਲੋ, ਲਾਈ-ਅਨਿ	Jith Laaeean Thithai Lagadheeaa Neh Khinjothaarraa ||	Wherever I join them, there they are joined; they do not struggle against me.	ਹੁਣ ਇਹਨਾਂ ਨੂੰ ਜਿਸ ਪਾਸੇ ਲਾਈਦਾ ਹੈ ਉੱਧਰ ਹੀ ਲੱਗਦੀਆਂ ਹਨ, ਕੋਈ ਖਿੱਚੋਤਾਣ ਨਹੀਂ (ਕਰਦੀਆਂ)।

47147	1098	ਜੋ ਇਛੀ ਸੋ ਫਲੁ ਪਾਇਦਾ ਗੁਰਿ ਅੰਦਰਿ ਵਾੜਾ॥		Jo Eishhee So Fal Paaeidhaa Gur Andhar Vaarraa ||	I obtain the fruits of my desires; the Guru has directed me within.	ਗੁਰੂ ਨੇ (ਮੇਰੇ ਮਨ ਨੂੰ) ਅੰਦਰ ਵਲ ਪਰਤਾ ਦਿੱਤਾ ਹੈ, ਹੁਣ ਮੈਂ ਜੋ ਕੁਝ ਇੱਛਾ ਕਰਦਾ ਹਾਂ ਉਹੀ ਫਲ ਪ੍ਰਾਪਤ ਕਰ ਲੈਂਦਾ ਹਾਂ।
47148	1098	ਗੁਰੁ ਨਾਨਕੁ ਤੁਠਾ ਭਾਇਰਹੁ ਹਰਿ ਵਸਦਾ ਨੇੜਾ॥੧੦॥		Gur Naanak Thuthaa Bhaaeirahu Har Vasadhaa Naerraa ||10||	When Guru Nanak is pleased, O Siblings of Destiny, the Lord is seen to be dwelling near at hand. ||10||	ਹੇ ਭਰਾਵੋ! ਮੇਰੇ ਉਤੇ ਗੁਰੂ ਨਾਨਕ ਪਰਸੰਨ ਹੋ ਪਿਆ ਹੈ, (ਉਸ ਦੀ ਮੇਹਰ ਨਾਲ) ਮੈਨੂੰ ਪ੍ਰਭੂ (ਆਪਣੇ) ਨੇੜੇ ਵੱਸਦਾ ਦਿੱਸਦਾ ਹੈ ॥੧੦॥
47149	1098	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	
47150	1098	ਜਾ ਮੂੰ ਆਵਹਿ ਚਿਤਿ ਤੂ ਤਾ ਹਭੇ ਸੁਖ ਲਹਾਉ॥	ਹੱਭੇ	Jaa Moon Aavehi Chith Thoo Thaa Habhae Sukh Lehaao ||	When You come into my consciousness, then I obtain all peace and comfort.	ਹੇ ਪਤੀ-ਪ੍ਰਭੂ! ਜਦੋਂ ਤੂੰ ਮੇਰੇ ਹਿਰਦੇ ਵਿਚ ਵੱਸਦਾ ਹੈਂ, ਤਾਂ ਮੈਨੂੰ ਸਾਰੇ ਸੁਖ ਮਿਲ ਜਾਂਦੇ ਹਨ,
47151	1098	ਨਾਨਕ ਮਨ ਹੀ ਮੰਝਿ ਰੰਗਾਵਲਾ ਪਿਰੀ ਤਹਿਜਾ ਨਾਉ॥੧॥		Naanak Man Hee Manjh Rangaavalaa Piree Thehijaa Naao ||1||	Nanak: with Your Name within my mind, O my Husband Lord, I am filled with delight. ||1||	(ਉਦੋਂ) ਨਾਨਕ ਨੂੰ ਤੇਰਾ ਨਾਮ ਮੈਨੂੰ ਆਪਣੇ ਮਨ ਵਿਚ ਮਿੱਠਾ ਪਿਆਰਾ ਲੱਗਦਾ ਹੈ (ਤੇ ਸੁਖ ਦੇਂਦਾ ਹੈ) ॥੧॥
47152	1098	ਮਃ ੫॥		Ma 5 ||	Fifth Mehl:	

47153	1098	ਕਪੜ ਭੋਗ ਵਿਕਾਰ ਏ ਹਭੇ ਹੀ ਛਾਰ॥		Kaparr Bhog Vikaar Eae Habhae Hee Shhaar ||	Enjoyment of clothes and corrupt pleasures - all these are nothing more than dust.	(ਪ੍ਰਭੂ ਦੀ ਯਾਦ ਤੋਂ ਵਿਰਵੇ ਰਹਿ ਕੇ ਨਿਰੇ) ਖਾਣ-ਹੰਢਾਣ (ਦੇ ਪਦਾਰਥ) ਵਿਕਾਰ (ਪੈਦਾ ਕਰਦੇ ਹਨ। ਇਸ ਵਾਸਤੇ ਅਸਲ ਵਿਚ) ਇਹ ਸਾਰੇ ਸੁਆਹ ਸਮਾਨ ਹਨ (ਉੱਕੇ ਹੀ ਨਿਕੰਮੇ ਹਨ)।
47154	1098	ਖਾਕੁ ਲੋੜੇਦਾ ਤੰਨਿ ਖੇ ਜੋ ਰਤੇ ਦੀਦਾਰ॥੨॥	ਲੋ: ਹੋੜੇ ਔਂਕੜ ਵਿਚਾਲੇ ਬੋਲੋ	Khaak Luorraedhaa Thann Khae Jo Rathae Dheedhaar ||2||	I long for the dust of the feet of those who are imbued with the Lord's Vision. ||2||	(ਤਾਹੀਏਂ) ਮੈਂ ਉਹਨਾਂ ਬੰਦਿਆਂ ਦੇ ਚਰਨਾਂ ਦੀ ਧੂੜ ਭਾਲਦਾ ਹਾਂ, ਜੋ ਪ੍ਰਭੂ ਦੇ ਦੀਦਾਰ ਵਿਚ ਰੰਗੇ ਹੋਏ ਹਨ ॥੨॥
47155	1098	ਮਃ ੫॥		Ma 5 ||	Fifth Mehl:	
47156	1098	ਕਿਆ ਤਕਹਿ ਬਿਆ ਪਾਸ ਕਰਿ ਹੀਅੜੇ ਹਿਕੁ ਅਧਾਰੁ॥	ਤੱਕਹਿ। ਹਿੱਕੁ	Kiaa Thakehi Biaa Paas Kar Heearrae Hik Adhhaar ||	Why do you look in other directions? O my heart, take the Support of the Lord alone.	ਹੇ ਮੇਰੀ ਜਿੰਦੇ! (ਪ੍ਰਭੂ ਨੂੰ ਛੱਡ ਕੇ ਸੁਖਾਂ ਦੀ ਖ਼ਾਤਰ) ਹੋਰ ਹੋਰ ਆਸਰੇ ਕਿਉਂ ਤੱਕਦੀ ਹੈਂ? ਕੇਵਲ ਇਕ ਪ੍ਰਭੂ ਨੂੰ ਆਪਣਾ ਆਸਰਾ ਬਣਾ।
47157	1098	ਥੀਉ ਸੰਤਨ ਕੀ ਰੇਣੁ ਜਿਤੁ ਲਭੀ ਸੁਖਦਾਤਾਰੁ॥੩॥		Thheeo Santhan Kee Raen Jith Labhee Sukh Dhaathaar ||3||	Become the dust of the feet of the Saints, and find the Lord, the Giver of peace. ||3||	(ਤੇ, ਉਸ ਪ੍ਰਭੂ ਦੀ ਪ੍ਰਾਪਤੀ ਵਾਸਤੇ ਉਸ ਦੇ) ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣ, ਜਿਸ ਦੀ ਬਰਕਤਿ ਨਾਲ ਸੁਖਾਂ ਦਾ ਦੇਣ ਵਾਲਾ ਪ੍ਰਭੂ ਮਿਲ ਪਏ ॥੩॥
47158	1098	ਪਉੜੀ॥		Pourree ||	Pauree:	

47159	1098	ਵਿਣੁ ਕਰਮਾ ਹਰਿ ਜੀਉ ਨ ਪਾਈਐ ਬਿਨੁ ਸਤਿਗੁਰ ਮਨੂਆ ਨ ਲਗੈ॥		Vin Karamaa Har Jeeo N Paaeeai Bin Sathigur Manooaa N Lagai ||	Without good karma, the Dear Lord is not found; without the True Guru, the mind is not joined to Him.	ਪ੍ਰਭੂ ਦੀ ਮੇਹਰ ਤੋਂ ਬਿਨਾ ਪ੍ਰਭੂ ਨਾਲ ਮਿਲਾਪ ਨਹੀਂ ਹੁੰਦਾ (ਪ੍ਰਭੂ ਦੀ ਮੇਹਰ ਨਾਲ ਹੀ ਗੁਰੂ ਮਿਲਦਾ ਹੈ, ਤੇ) ਗੁਰੂ ਤੋਂ ਬਿਨਾ ਮਨੁੱਖ ਦਾ ਮਾਇਆ-ਵੇੜ੍ਹਿਆ ਮਨ (ਪ੍ਰਭੂ-ਚਰਨਾਂ ਵਿਚ) ਜੁੜਦਾ ਹੀ ਨਹੀਂ।
47160	1098	ਧਰਮੁ ਧੀਰਾ ਕਲਿ ਅੰਦਰੇ ਇਹੁ ਪਾਪੀ ਮੂਲਿ ਨ ਤਗੈ॥	ਤੱਗੈ	Dhharam Dhheeraa Kal Andharae Eihu Paapee Mool N Thagai ||	Only the Dharma remains stable in this Dark Age of Kali Yuga; these sinners will not last at all.	ਸੰਸਾਰ ਵਿਚ ਧਰਮ ਹੀ ਸਦਾ ਇਕ-ਰਸ ਰਹਿੰਦਾ ਹੈ, ਪਰ ਇਹ ਮਨ (ਜਦੋਂ ਤਕ) ਪਾਪਾਂ ਵਿਚ ਪਰਵਿਰਤ (ਹੈ) ਬਿਲਕੁਲ ਅਡੋਲਤਾ ਵਿਚ ਟਿਕਿਆ ਨਹੀਂ ਰਹਿ ਸਕਦਾ,
47161	1098	ਅਹਿ ਕਰੁ ਕਰੇ ਸੁ ਅਹਿ ਕਰੁ ਪਾਏ ਇਕ ਘੜੀ ਮੁਹਤੁ ਨ ਲਗੈ॥		Ahi Kar Karae S Ahi Kar Paaeae Eik Gharree Muhath N Lagai ||	Whatever one does with this hand, he obtains with the other hand, without a moment's delay.	(ਕਿਉਂਕਿ ਕੀਤੇ ਵਿਕਾਰਾਂ ਦਾ ਮਾਨਸਕ ਸਿੱਟਾ ਨਿਕਲਦਿਆਂ) ਰਤਾ ਭੀ ਸਮਾ ਨਹੀਂ ਲੱਗਦਾ, ਜੋ ਕੁਝ ਇਹ ਹੱਥ ਕਰਦਾ ਹੈ ਉਸ ਦਾ ਫਲ ਇਹੀ ਹੱਥ ਪਾ ਲੈਂਦਾ ਹੈ।
47162	1098	ਚਾਰੇ ਜੁਗ ਮੈ ਸੋਧਿਆ ਵਿਣੁ ਸੰਗਤਿ ਅਹੰਕਾਰੁ ਨ ਭਗੈ॥	ਭੱਗੈ	Chaarae Jug Mai Sodhhiaa Vin Sangath Ahankaar N Bhagai ||	I have examined the four ages, and without the Sangat, the Holy Congregation, egotism does not depart.	(ਜਦੋਂ ਤੋਂ ਦੁਨੀਆ ਬਣੀ ਹੈ) ਚੌਹਾਂ ਹੀ ਜੁਗਾਂ ਦੇ ਸਮੇ ਨੂੰ ਵਿਚਾਰ ਕੇ ਮੈਂ ਵੇਖ ਲਿਆ ਹੈ ਕਿ ਮਨ ਦਾ ਅਹੰਕਾਰ ਸੰਗਤ ਤੋਂ ਬਿਨਾ ਦੂਰ ਨਹੀਂ ਹੁੰਦਾ,

47163	1098	ਹਉਮੈ ਮੂਲਿ ਨ ਛੁਟਈ ਵਿਣੁ ਸਾਧੂ ਸਤਸੰਗੈ॥		Houmai Mool N Shhuttee Vin Saadhhoo Sathasangai ||	Egotism is never eradicated without the Saadh Sangat, the Company of the Holy.	ਗੁਰਮੁਖਾਂ ਦੀ ਸੰਗਤ ਤੋਂ ਬਿਨਾ ਹਉਮੈ ਬਿਲਕੁਲ ਨਹੀਂ ਮੁੱਕ ਸਕਦੀ।
47164	1098	ਤਿਚਰੁ ਥਾਹ ਨ ਪਾਵਈ ਜਿਚਰੁ ਸਾਹਿਬ ਸਿਉ ਮਨ ਭੰਗੈ॥		Thichar Thhaah N Paavee Jichar Saahib Sio Man Bhangai ||	As long as one's mind is torn away from his Lord and Master, he finds no place of rest.	(ਜਦ ਤਕ ਮਨ ਵਿਚ ਹਉਮੈ ਹੈ, ਤਦ ਤਕ ਮਾਲਕ-ਪ੍ਰਭੂ ਨਾਲੋਂ ਵਿੱਥ ਹੈ) ਜਦ ਤਕ ਮਾਲਕ ਨਾਲੋਂ ਵਿੱਥ ਹੈ ਤਦ ਤਕ ਮਨੁੱਖ ਉਸ ਦੇ ਗੁਣਾਂ ਦੀ ਡੂੰਘਾਈ ਵਿਚ ਟਿਕ ਨਹੀਂ ਸਕਦਾ।
47165	1098	ਜਿਨਿ ਜਨਿ ਗੁਰਮੁਖਿ ਸੇਵਿਆ ਤਿਸੁ ਘਰਿ ਦੀਬਾਣੁ ਅਭਗੈ॥	ਅਭੱਗੈ	Jin Jan Guramukh Saeviaa This Ghar Dheebaan Abhagai ||	That humble being, who, as Gurmukh, serves the Lord, has the Support of the Imperishable Lord in the home of his heart.	ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੈ ਪ੍ਰਭੂ ਦਾ ਸਿਮਰਨ ਕੀਤਾ ਹੈ ਉਸ ਦੇ ਹਿਰਦੇ ਵਿਚ ਹੀ ਅਬਿਨਾਸ਼ੀ ਪ੍ਰਭੂ ਦਾ ਦਰਬਾਰ ਲੱਗ ਜਾਂਦਾ ਹੈ।
47166	1098	ਹਰਿ ਕਿਰਪਾ ਤੇ ਸੁਖੁ ਪਾਇਆ ਗੁਰ ਸਤਿਗੁਰ ਚਰਣੀ ਲਗੈ॥੧੧॥	ਲੱਗੈ	Har Kirapaa Thae Sukh Paaeiaa Gur Sathigur Charanee Lagai ||11||	By the Lord's Grace, peace is obtained, and one is attached to the feet of the Guru, the True Guru. ||11||	ਪ੍ਰਭੂ ਦੀ ਮੇਹਰ ਨਾਲ ਹੀ ਮਨੁੱਖ ਗੁਰੂ ਦੇ ਚਰਨਾਂ ਵਿਚ ਜੁੜਦਾ ਹੈ, ਤੇ ਮੇਹਰ ਨਾਲ ਹੀ ਆਤਮਕ ਸੁਖ ਪ੍ਰਾਪਤ ਕਰਦਾ ਹੈ ॥੧੧॥
47167	1098	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	

47168	1098	ਲੋੜੀਦੋ ਹਭ ਜਾਇ ਸੋ ਮੀਰਾ ਮੀਰੰਨ ਸਿਰਿ॥	(ਮੀਰੰਨ) ਪਾਤਿਸ਼ਾਹਾਂ ਦੇ (ਮੀਰਾ) ਪਾਤਿਸ਼ਾਹ	Lorreedho Habh Jaae So Meeraa Meerann Sir ||	I have searched everywhere for the King over the heads of kings.	ਉਹ ਮਾਲਕ-ਪ੍ਰਭੂ ਸ਼ਾਹਾਂ ਦੇ ਸਿਰ ਉਤੇ ਪਾਤਿਸ਼ਾਹ ਹੈ, ਮੈਂ ਉਸ ਨੂੰ (ਬਾਹਰ) ਹਰ ਥਾਂ ਭਾਲਦਾ ਫਿਰਦਾ ਸਾਂ;
47169	1098	ਹਠ ਮੰਝਾਹੂ ਸੋ ਧਣੀ ਚਉਦੋ ਮੁਖਿ ਅਲਾਇ॥੧॥		Hath Manjhaahoo So Dhhanee Choudho Mukh Alaae ||1||	That Master is within my heart; I chant His Name with my mouth. ||1||	ਪਰ ਹੁਣ ਜਦੋਂ ਮੈਂ ਮੂੰਹ ਨਾਲ ਉਸ ਦੇ ਗੁਣ ਉਚਾਰਦਾ ਹਾਂ, ਉਹ ਮੈਨੂੰ ਮੇਰੇ ਹਿਰਦੇ ਵਿਚ ਹੀ ਦਿੱਸ ਰਿਹਾ ਹੈ ॥੧॥
47170	1098	ਮਃ ੫॥		Ma 5 ||	Fifth Mehl:	
47171	1098	ਮਾਣਿਕੂ ਮੋਹਿ ਮਾਉ ਡਿੰਨਾ ਧਣੀ ਅਪਾਹਿ॥	(ਮਾਣਿਕੂ) ਮਾਣਕ ਪ੍ਰਮੇਸ਼ਰ। (ਮਾਉ) ਮਾਤਾ ਪਿਤਾ ਸਤਿਗੁਰਾਂ। (ਅਪਾਹਿ) ਨਿਰਲੇਪ। (ਡਿੰਨਾ) ਦਾਨ ਦਿਤਾ	Maanikoo Mohi Maao Ddinnaa Dhhanee Apaahi ||	O my mother, the Master has blessed me with the jewel.	ਹੇ ਮਾਂ! ਮਾਲਕ-ਪ੍ਰਭੂ ਨੇ ਆਪ ਹੀ ਮੈਨੂੰ ਆਪਣਾ ਨਾਮ-ਮੋਤੀ ਦਿੱਤਾ।
47172	1098	ਹਿਆਉ ਮਹਿਜਾ ਠੰਢੜਾ ਮੁਖਹੁ ਸਚੁ ਅਲਾਇ॥੨॥		Hiaao Mehijaa Thandtarraa Mukhahu Sach Alaae ||2||	My heart is cooled and soothed, chanting the True Name with my mouth. ||2||	(ਹੁਣ) ਮੂੰਹੋਂ ਉਸ ਸਦਾ-ਥਿਰ ਪ੍ਰਭੂ ਦਾ ਨਾਮ ਉਚਾਰ ਉਚਾਰ ਕੇ ਮੇਰਾ ਹਿਰਦਾ ਠੰਢਾ-ਠਾਰ ਹੋ ਗਿਆ ਹੈ ॥੨॥
47173	1098	ਮਃ ੫॥		Ma 5 ||	Fifth Mehl:	
47174	1098	ਮੂ ਥੀਆਊ ਸੇਜ ਨੈਣਾ ਪਿਰੀ ਵਿਛਾਵਣਾ॥		Moo Thheeaaoo Saej Nainaa Piree Vishhaavanaa ||	I have become the bed for my Beloved Husband Lord; my eyes have become the sheets.	ਮੈਂ ਆਪਣੇ ਹਿਰਦੇ ਨੂੰ ਪ੍ਰਭੂ-ਪਤੀ (ਦੇ ਬਿਰਾਜਣ) ਵਾਸਤੇ ਸੇਜ ਬਣਾ ਦਿੱਤਾ ਹੈ, ਆਪਣੀਆਂ ਅੱਖਾਂ ਨੂੰ (ਉਸ ਸੇਜ ਦਾ) ਵਿਛਾਉਣਾ ਬਣਾਇਆ ਹੈ।

47175	1098	ਜੇ ਡੇਖੈ ਹਿਕ ਵਾਰ ਤਾ ਸੁਖ ਕੀਮਾ ਹੂ ਬਾਹਰੇ॥੩॥	ਹਿੱਕ	Jae Ddaekhai Hik Vaar Thaa Sukh Keemaa Hoo Baaharae ||3||	If You look at me, even for an instant, then I obtain peace beyond all price. ||3||	ਜਦੋਂ ਉਹ ਇਕ ਵਾਰੀ ਭੀ (ਮੇਰੇ ਵਲ) ਤੱਕਦਾ ਹੈ, ਮੈਨੂੰ ਅਜੇਹੇ ਸੁਖ ਅਨੁਭਵ ਹੁੰਦੇ ਹਨ ਜਿਨ੍ਹਾਂ ਦਾ ਮੁੱਲ ਨਹੀਂ ਪੈ ਸਕਦਾ (ਜੇਹੜੇ ਕਿਸੇ ਭੀ ਕੀਮਤ ਤੋਂ ਮਿਲ ਨਹੀਂ ਸਕਦੇ) ॥੩॥
47176	1098	ਪਉੜੀ॥		Pourree ||	Pauree:	
47177	1098	ਮਨੁ ਲੋਚੈ ਹਰਿ ਮਿਲਣ ਕਉ ਕਿਉ ਦਰਸਨੁ ਪਾਈਆ॥		Man Lochai Har Milan Ko Kio Dharasan Paaeeaa ||	My mind longs to meet the Lord; how can I obtain the Blessed Vision of His Darshan?	ਪ੍ਰਭੂ ਨੂੰ ਮਿਲਣ ਲਈ ਮੇਰਾ ਮਨ ਬੜਾ ਤਰਸਦਾ ਹੈ (ਪਰ ਸਮਝ ਨਹੀਂ ਆਉਂਦੀ ਕਿ) ਕਿਵੇਂ ਦਰਸਨ ਕਰਾਂ।
47178	1098	ਮੈ ਲਖ ਵਿੜਤੇ ਸਾਹਿਬਾ ਜੇ ਬਿੰਦ ਬੋਲਾਈਆ॥	(ਵਿ-ੜੱਤੇ) ਖੱਟ ਲਏ। ਲੱਖ। ਬੋ: ਹੋੜੇ ਔਂਕੜ ਵਿਚਾਲੇ ਬੋਲੋ	Mai Lakh Virrathae Saahibaa Jae Bindh Buolaaeeaa ||	I obtain hundreds of thousands, if my Lord and Master speaks to me, even for an instant.	ਹੇ (ਮੇਰੇ) ਮਾਲਕ! ਜੇ ਤੂੰ ਮੈਨੂੰ ਰਤਾ ਭਰ ਭੀ ਵਾਜ ਮਾਰੇਂ ਤਾਂ (ਮੈਂ ਸਮਝਦਾ ਹਾਂ ਕਿ) ਮੈਂ ਲੱਖਾਂ ਰੁਪਏ ਖੱਟ ਲਏ ਹਨ।
47179	1098	ਮੈ ਚਾਰੇ ਕੁੰਡਾ ਭਾਲੀਆ ਤੁਧੁ ਜੇਵਡੁ ਨ ਸਾਈਆ॥	ਕੁੰਡਾਂ। ਭਾਲੀਆਂ। ਸਾਈਆਂ	Mai Chaarae Kunddaa Bhaaleeaa Thudhh Jaevadd N Saaeeaa ||	I have searched in four directions; there is no other as great as You, Lord.	ਹੇ ਮੇਰੇ ਸਾਈਂ! ਮੈਂ ਚੁਫੇਰੇ ਸਾਰੀ ਸ੍ਰਿਸ਼ਟੀ ਖੋਜ ਕੇ ਵੇਖ ਲਿਆ ਹੈ ਕਿ ਤੇਰੇ ਜੇਡਾ ਹੋਰ ਕੋਈ ਨਹੀਂ ਹੈ।
47180	1098	ਮੈ ਦਸਿਹੁ ਮਾਰਗੁ ਸੰਤਹੋ ਕਿਉ ਪ੍ਰਭੂ ਮਿਲਾਈਆ॥	ਦੱਸਿਹੁ	Mai Dhasihu Maarag Santheho Kio Prabhoo Milaaeeaa ||	Show me the Path, O Saints. How can I meet God?	ਹੇ ਸੰਤ ਜਨੋ! (ਤੁਸੀਂ ਹੀ) ਮੈਨੂੰ ਰਾਹ ਦੱਸੋ ਕਿ ਮੈਂ ਪ੍ਰਭੂ ਨੂੰ ਕਿਵੇਂ ਮਿਲਾਂ।

47181	1098	ਮਨੁ ਅਰਪਿਹੁ ਹਉਮੈ ਤਜਹੁ ਇਤੁ ਪੰਥਿ ਜੁਲਾਈਆ॥		Man Arapihu Houmai Thajahu Eith Panthh Julaaeeaa ||	I dedicate my mind to Him, and renounce my ego. This is the Path which I shall take.	(ਸੰਤ ਜਨ ਰਾਹ ਦੱਸਦੇ ਹਨ ਕਿ) ਮਨ (ਪ੍ਰਭੂ ਦੇ) ਭੇਟਾ ਕਰੋ ਹਉਮੈ ਦੂਰ ਕਰੋ (ਤੇ ਆਖਦੇ ਹਨ ਕਿ) ਮੈਂ ਇਸ ਰਸਤੇ ਉਤੇ ਤੁਰਾਂ।
47182	1098	ਨਿਤ ਸੇਵਿਹੁ ਸਾਹਿਬੁ ਆਪਣਾ ਸਤਸੰਗਿ ਮਿਲਾਈਆ॥		Nith Saevihu Saahib Aapanaa Sathasang Milaaeeaa ||	Joining the Sat Sangat, the True Congregation, I serve my Lord and Master continually.	(ਸੰਤ ਉਪਦੇਸ਼ ਦੇਂਦੇ ਹਨ ਕਿ) ਸਦਾ ਆਪਣੇ ਮਾਲਕ-ਪ੍ਰਭੂ ਨੂੰ ਯਾਦ ਕਰੋ (ਤੇ ਕਹਿੰਦੇ ਹਨ ਕਿ) ਮੈਂ ਸਤਸੰਗ ਵਿਚ ਮਿਲਾਂ।
47183	1098	ਸਭੇ ਆਸਾ ਪੂਰੀਆ ਗੁਰ ਮਹਲਿ ਬੁਲਾਈਆ॥		Sabhae Aasaa Pooreeaa Gur Mehal Bulaaeeaa ||	All my hopes are fulfilled; the Guru has ushered me into the Mansion of the Lord's Presence.	ਜਦੋਂ ਪ੍ਰਭੂ ਦੀ ਹਜ਼ੂਰੀ ਵਿਚ ਗੁਰੂ ਨੇ ਸੱਦ ਲਿਆ, ਤਾਂ ਸਾਰੀਆਂ ਆਸਾਂ ਪੂਰੀਆਂ ਹੋ ਜਾਣਗੀਆਂ।
47184	1098	ਤੁਧੁ ਜੇਵਡੁ ਹੋਰੁ ਨ ਸੁਝਈ ਮੇਰੇ ਮਿਤ੍ਰ ਗੋਸਾਈਆ॥੧੨॥	ਗੋ: ਹੋੜੇ ਔਂਕੜ ਵਿਚਾਲੇ ਬੋਲੋ	Thudhh Jaevadd Hor N Sujhee Maerae Mithr Guosaaeeaa ||12||	I cannot conceive of any other as great as You, O my Friend, O Lord of the World. ||12||	ਹੇ ਮੇਰੇ ਮਿਤ੍ਰ! ਹੇ ਧਰਤੀ ਦੇ ਮਾਲਕ! ਮੈਨੂੰ ਤੇਰੇ ਜੇਡਾ ਹੋਰ ਕੋਈ ਲੱਭਦਾ ਨਹੀਂ (ਤੂੰ ਮੇਹਰ ਕਰ, ਤੇ ਦੀਦਾਰ ਦੇਹ) ॥੧੨॥
47185	1098	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	
47186	1098	ਮੂ ਥੀਆਊ ਤਖਤੁ ਪਿਰੀ ਮਹਿੰਜੇ ਪਾਤਿਸਾਹ॥	(ਮੂ) ਮੈਂ (ਥੀਆਊ) ਹੋਜਾਵਾਂ	Moo Thheeaaoo Thakhath Piree Mehinjae Paathisaah ||	I have become the throne for my Beloved Lord King.	ਹੇ ਮੇਰੇ ਪਤੀ ਪਾਤਿਸ਼ਾਹ! ਮੈਂ (ਤੇਰੇ ਬੈਠਣ ਲਈ) ਆਪਣੇ ਹਿਰਦੇ ਨੂੰ ਤਖ਼ਤ ਬਣਾਇਆ ਹੈ।

47187	1098	ਪਾਵ ਮਿਲਾਵੇ ਕੋਲਿ ਕਵਲ ਜਿਵੈ ਬਿਗਸਾਵਦੋ॥੧॥	ਕੋਲਿ ਪਾਸ। (ਬਿਗਸਾਵਦੋ) ਖਿੜ ਰਹੇ	Paav Milaavae Kol Kaval Jivai Bigasaavadho ||1||	If You place Your foot on me, I blossom forth like the lotus flower. ||1||	ਜਦੋਂ ਤੂੰ ਆਪਣੇ ਚਰਨ ਮੇਰੇ ਹਿਰਦੇ-ਤਖ਼ਤ ਨਾਲ ਛੁਹਾਂਦਾ ਹੈਂ, ਮੈਂ ਕੌਲ ਫੁੱਲ ਵਾਂਗ ਖਿੜ ਪੈਂਦਾ ਹਾਂ ॥੧॥
47188	1098	ਮਃ ੫॥		Ma 5 ||	Fifth Mehl:	
47189	1098	ਪਿਰੀਆ ਸੰਦੜੀ ਭੁਖ ਮੂ ਲਾਵਣ ਥੀ ਵਿਥਰਾ॥	(ਮੂ) ਦਾਸਨ ਦਾਸ ਨੂੰ , (ਪਿਰੀਆ) ਪਤੀ ਰਾਮ ਜੀ ਦੇ (ਸੰਦੜੀ) ਦਰਸਨਾਂ ਦੀ ਭੁੱਖ ਹੈ, ਇਸ ਨੂੰ (ਲਾਵਣ) ਲਾਹੁਣ (ਥੀ) ਲਈ, (ਵਿਥਰਾਂ) ਜਸ ਕਹਾਂ	Pireeaa Sandharree Bhukh Moo Laavan Thhee Vithharaa ||	If my Beloved becomes hungry, I will become food, and place myself before Him.	ਪਿਆਰੇ ਪਤੀ-ਪ੍ਰਭੂ ਨੂੰ ਮਿਲਣ ਦੀ ਭੁੱਖ ਮਿਟਾਣ ਲਈ ਮੇਰਾ ਆਪਾ-ਭਾਵ ਸਲੂਣਾ ਬਣ ਜਾਏ।
47190	1098	ਜਾਣੁ ਮਿਠਾਈ ਇਖ ਬੇਈ ਪੀੜੇ ਨਾ ਹੁਟੈ॥੨॥	ਗੰਨੇ ਨੂੰ (ਬੇਈ) ਦੁਬਾਰਾ ਪੀੜੇ ਤਦ ਭੀ ਰਸ ਦੇਣੋ ਨਹੀਂ (ਹੁੱਟੈ) ਹਟਦਾ,ਇਉਂ ਦਾਸਨ ਦਾਸ ਗੰਨੇ ਵਾਲਾ ਗੁਣ ਧਾਰੇ।ਭਾਵੇਂ ਤੱਤੀ ਤਵੀ ਤੇ ਖੜ੍ਹ ਕੇ ਕਸ਼ਟ ਸਹਾਰੇ ਫੇਰ ਭੀ ਜਸ ਕਹੇ।ਇੱਖ	Jaan Mithaaee Eikh Baeee Peerrae Naa Huttai ||2||	I may be crushed, again and again, but like sugarcane, I do not stop yielding sweet juice. ||2||	ਮੈਂ ਅਜੇਹੀ ਗੰਨੇ ਦੀ ਮਿਠਾਸ ਬਣਨਾ ਸਿੱਖ ਲਵਾਂ ਕਿ (ਗੰਨੇ ਨੂੰ) ਮੁੜ ਮੁੜ ਪੀਤਿਆਂ ਭੀ ਨਾਹ ਮੁੱਕੇ (ਭਾਵ, ਮੈਂ ਆਪਾ-ਭਾਵ ਮਿਟਾ ਦਿਆਂ, ਤੇ ਆਪਾ ਵਾਰਦਿਆਂ ਕਦੇ ਅੱਕਾਂ ਨਾਹ, ਰੱਜਾਂ ਨਾਹ) ॥੨॥
47191	1098	ਮਃ ੫॥		Ma 5 ||	Fifth Mehl:	

47192	1098	ਠਗਾ ਨੀਹੁਮ ਤ੍ਰੋੜਿ ਜਾਣੁ ਗੰਧ੍ਰਬਾ ਨਗਰੀ॥	(ਨੀਹੁਮ) ਪ੍ਰੇਮ। (ਗੰ-ਧ੍ਰਬਾ) ਹਰੀਚੰਦ ਦੀ ਨੱਗਰੀ ਵਾਂਗ, ਝੂਠੇ (ਜਾਣੁ) ਜਾਨਣਾ ਕਰ। ਠੱਗਾਂ। (ਦੂਜਾ ਪਾਠ: ਨੀਹੁ ਮਤ੍ਰੋੜਿ)	Thagaa Neehu Mathrorr Jaan Gandhhrabaa Nagaree ||	Break off your love with the cheaters; realize that it is a mirage.	ਦੁਨੀਆ ਦਾ ਮੋਹ ਚੰਗੀ ਤਰ੍ਹਾਂ ਤੋੜ ਦੇ, (ਇਸ ਦੁਨੀਆ ਨੂੰ) ਧੂਏਂ ਦਾ ਪਹਾੜ ਸਮਝ।
47193	1098	ਸੁਖ ਘਟਾਊ ਡੂਇ ਇਸੁ ਪੰਧਾਣੂ ਘਰ ਘਣੇ॥੩॥		Sukh Ghattaaoo Ddooe Eis Pandhhaanoo Ghar Ghanae ||3||	Your pleasure lasts for only two moments; this traveller wanders through countless homes. ||3||	(ਦੁਨੀਆ ਦਾ) ਦੋ ਘੜੀਆਂ ਦਾ ਸੁਖ (ਮਾਣਿਆਂ) ਇਸ ਜੀਵ-ਰਾਹੀ ਨੂੰ ਅਨੇਕਾਂ ਜੂਨਾਂ (ਵਿਚ ਭਟਕਣਾ ਪੈਂਦਾ ਹੈ) ॥੩॥
47194	1098	ਪਉੜੀ॥		Pourree ||	Pauree:	
47195	1098	ਅਕਲ ਕਲਾ ਨਹ ਪਾਈਐ ਪ੍ਰਭੁ ਅਲਖ ਅਲੇਖੰ॥	(ਅ-ਕਲ) ਕਲਪਣਾ ਰਹਿਤ ਬ੍ਰਹਮ। ਅ-ਲਖ: ਪੋਲੇ ਬੋਲੋ	Akal Kalaa Neh Paaeeai Prabh Alakh Alaekhan ||	God is not found by intellectual devices; He is unknowable and unseen.	ਜਿਸ ਪ੍ਰਭੂ ਦਾ ਕੋਈ ਚਿਹਨ-ਚੱਕ੍ਰ ਨਹੀਂ, ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ, ਜੋ ਵਧਦਾ ਘਟਦਾ ਨਹੀਂ ਹੈ ਉਸ ਦਾ ਭੇਤ (ਕਲਾ) ਨਹੀਂ ਪਾਇਆ ਜਾ ਸਕਦਾ।
47196	1099	ਖਟੁ ਦਰਸਨ ਭ੍ਰਮਤੇ ਫਿਰਹਿ ਨਹ ਮਿਲੀਐ ਭੇਖੰ॥		Khatt Dharasan Bhramathae Firehi Neh Mileeai Bhaekhan ||	The followers of the six orders wander and roam around wearing religious robes, but they do not meet God.	ਛੇ ਭੇਖਾਂ ਦੇ ਸਾਧੂ (ਵਿਅਰਥ) ਭਟਕਦੇ ਫਿਰਦੇ ਹਨ, ਪ੍ਰਭੂ ਭੇਖਾਂ ਦੀ ਰਾਹੀਂ ਨਹੀਂ ਮਿਲਦਾ।

47197	1099	ਵਰਤ ਕਰਹਿ ਚੰਦ੍ਰਾਇਣਾ ਸੇ ਕਿਤੈ ਨ ਲੇਖੰ॥		Varath Karehi Chandhraaeinaa Sae Kithai N Laekhan ||	They keep the lunar fasts, but they are of no account.	(ਕਈ ਬੰਦੇ) ਚੰਦ੍ਰਾਇਣ ਵਰਤ ਰੱਖਦੇ ਹਨ, ਪਰ ਉਹਨਾਂ ਦਾ ਕੋਈ ਲਾਭ ਨਹੀਂ (ਉਹ ਕਿਸੇ ਗਿਣਤੀ ਵਿਚ ਨਹੀਂ)।
47198	1099	ਬੇਦ ਪੜਹਿ ਸੰਪੂਰਨਾ ਤਤੁ ਸਾਰ ਨ ਪੇਖੰ॥		Baedh Parrehi Sanpooranaa Thath Saar N Paekhan ||	Those who read the Vedas in their entirety, still do not see the sublime essence of reality.	ਜੋ ਸਾਰੇ ਦੇ ਸਾਰੇ ਵੇਦ ਪੜ੍ਹਦੇ ਹਨ, ਉਹ ਭੀ ਅਸਲੀਅਤ ਨਹੀਂ ਵੇਖ ਸਕਦੇ।
47199	1099	ਤਿਲਕੁ ਕਢਹਿ ਇਸਨਾਨੁ ਕਰਿ ਅੰਤਰਿ ਕਾਲੇਖੰ॥	(ਕਾਲੇਖੰ) ਕਾਲਖ	Thilak Kadtehi Eisanaan Kar Anthar Kaalaekhan ||	They apply ceremonial marks to their foreheads, and take cleansing baths, but they are blackened within.	ਕਈ ਇਸ਼ਨਾਨ ਕਰ ਕੇ (ਮੱਥੇ ਉੱਤੇ) ਤਿਲਕ ਲਾਂਦੇ ਹਨ, ਪਰ ਉਹਨਾਂ ਨੇ ਮਨ ਵਿਚ (ਵਿਕਾਰਾਂ ਦੀ) ਕਾਲਖ ਹੁੰਦੀ ਹੈ (ਉਹਨਾਂ ਨੂੰ ਭੀ ਰੱਬ ਨਹੀਂ ਮਿਲਦਾ)।
47200	1099	ਭੇਖੀ ਪ੍ਰਭੂ ਨ ਲਭਈ ਵਿਣੁ ਸਚੀ ਸਿਖੰ॥	ਭੇਖੀਂ। ਲੱ-ਭਈ। ਸਿੱਖੰ	Bhaekhee Prabhoo N Labhee Vin Sachee Sikhan ||	They wear religious robes, but without the True Teachings, God is not found.	ਪਰਮਾਤਮਾ ਭੇਖਾਂ ਦੀ ਰਾਹੀਂ ਨਹੀਂ ਲੱਭਦਾ, (ਗੁਰੂ ਦੇ) ਸੱਚੇ ਉਪਦੇਸ਼ ਤੋਂ ਬਿਨਾ ਨਹੀਂ ਮਿਲਦਾ।
47201	1099	ਭੂਲਾ ਮਾਰਗਿ ਸੋ ਪਵੈ ਜਿਸੁ ਧੁਰਿ ਮਸਤਕਿ ਲੇਖੰ॥		Bhoolaa Maarag So Pavai Jis Dhhur Masathak Laekhan ||	One who had strayed, finds the Path again, if such pre-ordained destiny is written on his forehead.	ਜਿਸ ਮਨੁੱਖ ਦੇ ਮੱਥੇ ਉੱਤੇ ਧੁਰੋਂ (ਬਖ਼ਸ਼ਸ਼ ਦਾ ਲਿਖਿਆ) ਲੇਖ ਉੱਘੜ ਪਏ, ਉਹ (ਪਹਿਲਾਂ) ਕੁਰਾਹੇ ਪਿਆ ਹੋਇਆ (ਭੀ ਠੀਕ) ਰਸਤੇ ਤੇ ਆ ਜਾਂਦਾ ਹੈ।

47202	1099	ਤਿਨਿ ਜਨਮੁ ਸਵਾਰਿਆ ਆਪਣਾ ਜਿਨਿ ਗੁਰੁ ਅਖੀ ਦੇਖੰ॥੧੩॥	ਅੱਖੀਂ	Thin Janam Savaariaa Aapanaa Jin Gur Akhee Dhaekhan ||13||	One who sees the Guru with his eyes, embellishes and exalts his human life. ||13||	ਜਿਸ ਮਨੁੱਖ ਨੇ ਆਪਣੀ ਅੱਖੀਂ ਗੁਰੂ ਦਾ ਦਰਸਨ ਕਰ ਲਿਆ ਹੈ, ਉਸ ਨੇ ਆਪਣਾ ਜਨਮ ਸਫਲਾ ਕਰ ਲਿਆ ਹੈ ॥੧੩॥
47203	1099	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	
47204	1099	ਸੋ ਨਿਵਾਹੂ ਗਡਿ ਜੋ ਚਲਾਊ ਨ ਥੀਐ॥		So Nivaahoo Gadd Jo Chalaaoo N Thheeai ||	Focus on that which will not pass away.	ਜੋ (ਮਾਲਕ-ਪ੍ਰਭੂ) ਸਾਥ ਛੱਡ ਜਾਣ ਵਾਲਾ ਨਹੀਂ ਹੈ ਉਸ ਤੋੜ ਨਿਬਾਹੁਣ ਵਾਲੇ ਨੂੰ (ਹਿਰਦੇ ਵਿਚ) ਪੱਕਾ ਕਰ ਕੇ ਰੱਖ।
47205	1099	ਕਾਰ ਕੂੜਾਵੀ ਛਡਿ ਸੰਮਲੁ ਸਚੁ ਧਣੀ॥੧॥		Kaar Koorraavee Shhadd Sanmal Sach Dhhanee ||1||	Abandon your false actions, and meditate on the True Master. ||1||	ਸਦਾ-ਥਿਰ ਰਹਿਣ ਵਾਲੇ ਮਾਲਕ ਨੂੰ (ਮਨ ਵਿਚ) ਸੰਭਾਲ ਕੇ ਰੱਖ, (ਜੇਹੜੀ ਕਾਰ ਉਸ ਦੀ ਯਾਦ ਨੂੰ ਭੁਲਾਵੇ, ਉਸ) ਕੂੜੀ ਕਾਰ ਨੂੰ ਛੱਡ ਦੇਹ (ਮਾਇਆ ਸੰਬੰਧੀ ਕਾਰ ਵਿਚ ਚਿੱਤ ਨੂੰ ਨਾਹ ਗੱਡ) ॥੧॥
47206	1099	ਮਃ ੫॥		Ma 5 ||	Fifth Mehl:	

47207	1099	ਹਭ ਸਮਾਣੀ ਜੋਤਿ ਜਿਉ ਜਲ ਘਟਾਊ ਚੰਦ੍ਰਮਾ॥		Habh Samaanee Joth Jio Jal Ghattaaoo Chandhramaa ||	God's Light is permeating all, like the moon reflected in the water.	ਪ੍ਰਭੂ ਦੀ ਜੋਤਿ ਤਾਂ ਹਰ ਥਾਂ ਸਮਾਈ ਹੋਈ ਹੈ (ਮੌਜੂਦ ਹੈ) ਜਿਵੇਂ ਪਾਣੀ ਦੇ ਘੜਿਆਂ ਵਿਚ ਚੰਦ੍ਰਮਾ (ਦਾ ਪ੍ਰਤਿਬਿੰਬ) ਹੈ। (ਪਰ ਮਾਇਆ-ਵੇੜ੍ਹੇ ਜੀਵ ਨੂੰ ਆਪਣੇ ਅੰਦਰ ਉਸ ਦਾ ਦੀਦਾਰ ਨਹੀਂ ਹੁੰਦਾ)।
47208	1099	ਪਰਗਟੁ ਥੀਆ ਆਪਿ ਨਾਨਕ ਮਸਤਕਿ ਲਿਖਿਆ ॥੨॥		Paragatt Thheeaa Aap Naanak Masathak Likhiaa ||2||	He Himself is revealed, O Nanak, to one who has such destiny inscribed upon his forehead. ||2||	ਹੇ ਨਾਨਕ! ਜਿਸ ਮਨੁੱਖ ਦੇ ਮੱਥੇ ਉਤੇ (ਪੂਰਬਲਾ) ਲਿਖਿਆ ਲੇਖ ਜਾਗਦਾ ਹੈ, ਉਸ ਦੇ ਅੰਦਰ ਪ੍ਰਭੂ ਦੀ ਜੋਤਿ ਪਰਤੱਖ ਹੋ ਪੈਂਦੀ ਹੈ ॥੨॥
47209	1099	ਮਃ ੫॥		Ma 5 ||	Fifth Mehl:	
47210	1099	ਮੁਖ ਸੁਹਾਵੇ ਨਾਮੁ ਚਉ ਆਠ ਪਹਰ ਗੁਣ ਗਾਉ॥		Mukh Suhaavae Naam Cho Aath Pehar Gun Gaao ||	One's face becomes beautiful chanting the Naam the Name of the Lord, and singing His Glorious Praises, twenty-four hours a day.	ਜੋ ਮਨੁੱਖ ਪ੍ਰਭੂ ਦਾ ਨਾਮ ਸਿਮਰਦੇ ਹਨ ਜੋ ਅੱਠੇ ਪਹਰ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦੇ ਹਨ, ਉਹਨਾਂ ਦੇ ਮੂੰਹ ਸੁੰਦਰ (ਦਿੱਸਦੇ) ਹਨ।
47211	1099	ਨਾਨਕ ਦਰਗਹ ਮੰਨੀਅਹਿ ਮਿਲੀ ਨਿਥਾਵੇ ਥਾਉ॥੩॥	ਮੰਨੀ-ਅਹਿ	Naanak Dharageh Manneeahi Milee Nithhaavae Thhaao ||3||	O Nanak, in the Court of the Lord, you shall be accepted; even the homeless find a home there. ||3||	ਹੇ ਨਾਨਕ! ਅਜੇਹੇ (ਭਾਗਾਂ ਵਾਲੇ) ਬੰਦੇ ਪ੍ਰਭੂ ਦੀ ਹਜ਼ੂਰੀ ਵਿਚ ਮਾਣ ਪਾਂਦੇ ਹਨ। ਜਿਸ ਮਨੁੱਖ ਨੂੰ (ਪਹਿਲਾਂ) ਕਿਤੇ ਭੀ ਆਸਰਾ ਨਹੀਂ ਸੀ ਮਿਲਦਾ (ਨਾਮ ਦੀ ਬਰਕਤਿ ਨਾਲ) ਉਸ ਨੂੰ (ਹਰ ਥਾਂ) ਆਦਰ ਮਿਲਦਾ ਹੈ ॥੩॥

47212	1099	ਪਉੜੀ॥		Pourree ||	Pauree:	
47213	1099	ਬਾਹਰ ਭੇਖਿ ਨ ਪਾਈਐ ਪ੍ਰਭੁ ਅੰਤਰਜਾਮੀ॥		Baahar Bhaekh N Paaeeai Prabh Antharajaamee ||	By wearing religious robes outwardly, God, the Inner-knower is not found.	ਰੱਬ ਬਾਹਰਲੇ ਭੇਖਾਂ ਨਾਲ ਨਹੀਂ ਮਿਲਦਾ (ਕਿਉਂਕਿ) ਉਹ ਹਰੇਕ ਦੇ ਦਿਲ ਦੀ ਜਾਣਦਾ ਹੈ,
47214	1099	ਇਕਸੁ ਹਰਿ ਜੀਉ ਬਾਹਰੀ ਸਭ ਫਿਰੈ ਨਿਕਾਮੀ॥	ਇੱਕ-ਸੁ	Eikas Har Jeeo Baaharee Sabh Firai Nikaamee ||	Without the One Dear Lord, all wander around aimlessly.	ਤੇ, ਇਕ ਰੱਬ ਦੇ ਮਿਲਾਪ ਤੋਂ ਬਿਨਾ ਸਾਰੀ ਸ੍ਰਿਸ਼ਟੀ ਵਿਅਰਥ ਵਿਚਰਦੀ ਹੈ।
47215	1099	ਮਨੁ ਰਤਾ ਕੁਟੰਬ ਸਿਉ ਨਿਤ ਗਰਬਿ ਫਿਰਾਮੀ॥		Man Rathaa Kuttanb Sio Nith Garab Firaamee ||	Their minds are imbued with attachment to family, and so they continually wander around, puffed up with pride.	ਜਿਨ੍ਹਾਂ ਬੰਦਿਆਂ ਦਾ ਮਨ ਪਰਵਾਰ ਦੇ ਮੋਹ ਵਿਚ ਰੰਗਿਆ ਰਹਿੰਦਾ ਹੈ, ਉਹ ਸਦਾ ਅਹੰਕਾਰ ਵਿਚ ਹੀ ਫਿਰਦੇ ਹਨ।
47216	1099	ਫਿਰਹਿ ਗੁਮਾਨੀ ਜਗ ਮਹਿ ਕਿਆ ਗਰਬਹਿ ਦਾਮੀ ॥		Firehi Gumaanee Jag Mehi Kiaa Garabehi Dhaamee ||	The arrogant wander around the world; why are they so proud of their wealth?	ਮਾਇਆ-ਧਾਰੀ ਬੰਦੇ ਜਗਤ ਵਿਚ ਆਕੜ ਆਕੜ ਕੇ ਚੱਲਦੇ ਹਨ, ਪਰ ਉਹਨਾਂ ਦਾ ਅਹੰਕਾਰ ਕਿਸੇ ਅਰਥ ਨਹੀਂ,
47217	1099	ਚਲਦਿਆ ਨਾਲਿ ਨ ਚਲਈ ਖਿਨ ਜਾਇ ਬਿਲਾਮੀ॥		Chaladhiaa Naal N Chalee Khin Jaae Bilaamee ||	Their wealth shall not go with them when they depart; in an instant, it is gone.	(ਕਿਉਂਕਿ) ਜਗਤ ਤੋਂ ਤੁਰਨ ਵੇਲੇ ਮਾਇਆ ਜੀਵ ਦੇ ਨਾਲ ਨਹੀਂ ਜਾਂਦੀ, ਖਿਨ ਪਲ ਵਿਚ ਹੀ ਸਾਥ ਛੱਡ ਜਾਂਦੀ ਹੈ।

47218	1099	ਬਿਚਰਦੇ ਫਿਰਹਿ ਸੰਸਾਰ ਮਹਿ ਹਰਿ ਜੀ ਹੁਕਾਮੀ॥	ਹੰਕਾਰੀ ਜ਼ੋਰ ਜ਼ੁਲਮ ਕਰਕੇ ਕਹਿੰਦੇ ਹਨ, ਹਰਿ ਜੀ ਸਾਡੇ (ਹੁਕਾਮੀ) ਹੁਕਮ ਚ ਹਨ	Bicharadhae Firehi Sansaar Mehi Har Jee Hukaamee ||	They wander around in the world, according to the Hukam of the Lord's Command.	ਅਜੇਹੇ ਬੰਦੇ ਪਰਮਾਤਮਾ ਦੀ ਰਜ਼ਾ ਅਨੁਸਾਰ ਸੰਸਾਰ ਵਿਚ (ਵਿਅਰਥ ਹੀ) ਜੀਵਨ ਗੁਜ਼ਾਰ ਜਾਂਦੇ ਹਨ।
47219	1099	ਕਰਮੁ ਖੁਲਾ ਗੁਰੁ ਪਾਇਆ ਹਰਿ ਮਿਲਿਆ ਸੁਆਮੀ॥	ਖ੍ਹੱਲਾ	Karam Khulaa Gur Paaeiaa Har Miliaa Suaamee ||	When one's karma is activated, one finds the Guru, and through Him, the Lord and Master is found.	ਜਿਸ ਮਨੁੱਖ ਉਤੇ ਪ੍ਰਭੂ ਦੀ ਮੇਹਰ (ਦਾ ਦਰਵਾਜ਼ਾ) ਖੁਲ੍ਹਦਾ ਹੈ, ਉਸ ਨੂੰ ਗੁਰੂ ਮਿਲਦਾ ਹੈ (ਗੁਰੂ ਦੀ ਰਾਹੀਂ) ਉਸ ਨੂੰ ਮਾਲਕ-ਪ੍ਰਭੂ ਮਿਲ ਪੈਂਦਾ ਹੈ।
47220	1099	ਜੋ ਜਨੁ ਹਰਿ ਕਾ ਸੇਵਕੋ ਹਰਿ ਤਿਸ ਕੀ ਕਾਮੀ॥੧੪॥		Jo Jan Har Kaa Saevako Har This Kee Kaamee ||14||	That humble being, who serves the Lord, has his affairs resolved by the Lord. ||14||	ਜੋ ਮਨੁੱਖ ਪ੍ਰਭੂ ਦਾ ਸੇਵਕ ਬਣ ਜਾਂਦਾ ਹੈ, ਪ੍ਰਭੂ ਉਸ ਦਾ ਕੰਮ ਸਵਾਰਦਾ ਹੈ ॥੧੪॥
47221	1099	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	
47222	1099	ਮੁਖਹੁ ਅਲਾਏ ਹਭ ਮਰਣੁ ਪਛਾਣੰਦੋ ਕੋਇ॥	ਹੱਭ। ਪਛਾ-ਣੰਦੋ	Mukhahu Alaaeae Habh Maran Pashhaanandho Koe ||	All speak with their mouths, but rare are those one who realize death.	ਸਾਰੀ ਸ੍ਰਿਸ਼ਟੀ ਹੀ ਮੂੰਹ ਨਾਲ ਆਖਦੀ ਹੈ (ਕਿ) ਮੌਤ (ਸਿਰ ਉਤੇ ਖੜੀ ਹੈ), ਪਰ ਕੋਈ ਵਿਰਲਾ ਬੰਦਾ (ਇਹ ਗੱਲ ਯਕੀਨ ਨਾਲ) ਸਮਝਦਾ ਹੈ।
47223	1099	ਨਾਨਕ ਤਿਨਾ ਖਾਕੁ ਜਿਨਾ ਯਕੀਨਾ ਹਿਕ ਸਿਉ ॥੧॥	ਯਕੀਨਾ: ਯ ਤਾਲ੍ਹੂ ਤੋਂ ਬੋਲ। ਹਿੱਕ। ਇੱਕ	Naanak Thinaa Khaak Jinaa Yakeenaa Hik Sio ||1||	Nanak is the dust of the feet of those who have faith in the One Lord. ||1||	ਹੇ ਨਾਨਕ! ਮੈਂ ਉਹਨਾਂ (ਗੁਰਮੁਖਾਂ) ਦੀ ਚਰਨ-ਧੂੜ (ਮੰਗਦਾ) ਹਾਂ ਜੋ (ਮੌਤ ਨੂੰ ਸੱਚ ਜਾਣ ਕੇ) ਇਕ ਪਰਮਾਤਮਾ ਨਾਲ ਸੰਬੰਧ ਜੋੜਦੇ ਹਨ ॥੧॥

47224	1099	ਮਃ ੫॥		Ma 5 ||	Fifth Mehl:	
47225	1099	ਜਾਣੁ ਵਸੰਦੋ ਮੰਝਿ ਪਛਾਣੂ ਕੋ ਹੇਕੜੋ॥		Jaan Vasandho Manjh Pashhaanoo Ko Haekarro ||	Know that He dwells within all; rare are those who realize this.	ਅੰਤਰਜਾਮੀ ਪਰਮਾਤਮਾ (ਹਰੇਕ ਜੀਵ ਦੇ) ਅੰਦਰ ਵੱਸਦਾ ਹੈ, ਪਰ ਇਸ ਗੱਲ ਨੂੰ ਕੋਈ ਵਿਰਲਾ ਬੰਦਾ ਸਮਝਦਾ ਹੈ।
47226	1099	ਤੈ ਤਨਿ ਪੜਦਾ ਨਾਹਿ ਨਾਨਕ ਜੈ ਗੁਰੁ ਭੇਟਿਆ॥੨॥		Thai Than Parradhaa Naahi Naanak Jai Gur Bhaettiaa ||2||	There is no obscuring veil on the body of that one, O Nanak, who meets the Guru. ||2||	ਹੇ ਨਾਨਕ! (ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਉਸ ਦੇ ਹਿਰਦੇ ਵਿਚ (ਸਰੀਰ ਵਿਚ ਪਰਮਾਤਮਾ ਨਾਲੋਂ) ਵਿੱਥ ਨਹੀਂ ਰਹਿ ਜਾਂਦੀ (ਤੇ ਉਹ ਪਰਮਾਤਮਾ ਨੂੰ ਆਪਣੇ ਅੰਦਰ ਵੇਖ ਲੈਂਦਾ ਹੈ) ॥੨॥
47227	1099	ਮਃ ੫॥		Ma 5 ||	Fifth Mehl:	
47228	1099	ਮਤੜੀ ਕਾਂਢਕੁ ਆਹ ਪਾਵ ਧੋਵੰਦੋ ਪੀਵਸਾ॥	ਧੰਨ ਮਹੱਲਾ ੪ ਜੀ ਦਾਸਨ ਦਾਸ ਦੀ (ਮੱਤੜੀ) ਮਤਿ ਚੋਂ ਨਾਮ ਵਾਹਿਗੁਰੂ ਜੀ ਨੂੰ (ਕਾਂਢਕੁ) ਪ੍ਰਗਟ ਕਰਨ ਵਾਲੇ (ਆਹ) ਹਨ	Matharree Kaandtak Aah Paav Dhhovandho Peevasaa ||	I drink in the water which has washed the feet of those who share the Teachings.	ਜੇਹੜਾ ਮਨੁੱਖ ਮੇਰੀ ਖੋਟੀ ਮਤ ਨੂੰ (ਮੇਰੇ ਅੰਦਰੋਂ) ਕੱਢ ਦੇਵੇ, ਮੈਂ ਉਸ ਦੇ ਪੈਰ ਧੋ ਧੋ ਕੇ ਪੀਵਾਂਗਾ।
47229	1099	ਮੂ ਤਨਿ ਪ੍ਰੇਮੁ ਅਥਾਹ ਪਸਣ ਕੂ ਸਚਾ ਧਣੀ॥੩॥	(ਮੂ) ਦਾਸਨ ਦਾਸ। (ਪੱਸਣ) ਦੇਖਣ ਕੂ ਨੂੰ।ਮੂ, ਤਨਿ ਇਕੱਠਾ ਪਾਠ ਮੂਤਨਿ ਨ ਕਰੋ	Moo Than Praem Athhaah Pasan Koo Sachaa Dhhanee ||3||	My body is filled with infinite love to see my True Master. ||3||	ਸਦਾ ਕਾਇਮ ਰਹਿਣ ਵਾਲੇ ਮਾਲਕ ਦਾ ਦਰਸਨ ਕਰਨ ਵਾਸਤੇ ਮੇਰੇ ਹਿਰਦੇ ਵਿਚ ਅਥਾਹ ਪ੍ਰੇਮ ਹੈ (ਪਰ ਮੇਰੀ ਖੋਟੀ ਮਤ ਦਰਸਨ ਦੇ ਰਸਤੇ ਵਿਚ ਰੋਕ ਪਾਂਦੀ ਹੈ) ॥੩॥
47230	1099	ਪਉੜੀ॥		Pourree ||	Pauree:	

47231	1099	ਨਿਰਭਉ ਨਾਮੁ ਵਿਸਾਰਿਆ ਨਾਲਿ ਮਾਇਆ ਰਚਾ॥	ਰਚਾ: ਪੋਲਾ ਬੋਲੋ	Nirabho Naam Visaariaa Naal Maaeiaa Rachaa ||	Forgetting the Naam, the Name of the Fearless Lord, he becomes attached to Maya.	ਜਿਸ ਮਨੁੱਖ ਨੇ ਨਿਰਭਉ ਪ੍ਰਭੂ ਦਾ ਨਾਮ ਭੁਲਾ ਦਿੱਤਾ ਹੈ ਤੇ ਜੋ ਮਾਇਆ ਵਿਚ ਹੀ ਮਸਤ ਰਹਿੰਦਾ ਹੈ,
47232	1099	ਆਵੈ ਜਾਇ ਭਵਾਈਐ ਬਹੁ ਜੋਨੀ ਨਚਾ॥	ਨੱਚਾ	Aavai Jaae Bhavaaeeai Bahu Jonee Nachaa ||	He comes and goes, and wanders, dancing in countless incarnations.	ਉਹ ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ ਉਹ ਅਨੇਕਾਂ ਜੂਨਾਂ ਵਿਚ ਭਟਕਦਾ ਹੈ।
47233	1099	ਬਚਨੁ ਕਰੇ ਤੈ ਖਿਸਕਿ ਜਾਇ ਬੋਲੇ ਸਭੁ ਕਚਾ॥	ਕੱਚਾ	Bachan Karae Thai Khisak Jaae Bolae Sabh Kachaa ||	He gives his word, but then backs out. All that he says is false.	(ਮਾਇਆ ਵਿਚ ਮਸਤ ਮਨੁੱਖ ਜੇ ਕੋਈ) ਬਚਨ ਕਰਦਾ ਹੈ ਤਾਂ ਉਸ ਤੋਂ ਫਿਰ ਜਾਂਦਾ ਹੈ, ਸਦਾ ਝੂਠੀ ਗੱਲ ਹੀ ਕਰਦਾ ਹੈ।
47234	1099	ਅੰਦਰਹੁ ਥੋਥਾ ਕੂੜਿਆਰੁ ਕੂੜੀ ਸਭ ਖਚਾ॥	ਖਚਾ: ਪੋਲਾ ਬੋਲੋ	Andharahu Thhothhaa Koorriaar Koorree Sabh Khachaa ||	The false person is hollow within; he is totally engrossed in falsehood.	ਉਹ ਝੂਠਾ ਆਪਣੇ ਮਨ ਵਿਚੋਂ ਖ਼ਾਲੀ ਹੁੰਦਾ ਹੈ (ਉਸ ਦੀ ਨੀਯਤ ਪਹਿਲਾਂ ਹੀ ਮਾੜੀ ਹੁੰਦੀ ਹੈ, ਇਸ ਵਾਸਤੇ) ਉਸ ਦੀ (ਹਰੇਕ ਗੱਲ) ਝੂਠੀ ਹੁੰਦੀ ਹੈ ਗੱਪ ਹੁੰਦੀ ਹੈ।
47235	1099	ਵੈਰੁ ਕਰੇ ਨਿਰਵੈਰ ਨਾਲਿ ਝੂਠੇ ਲਾਲਚਾ॥		Vair Karae Niravair Naal Jhoothae Laalachaa ||	He tries to take vengeance upon the Lord, who bears no vengeance; such a person is trapped by falsehood and greed.	ਅਜੇਹਾ ਬੰਦਾ ਝੂਠੇ ਲਾਲਚ ਵਿਚ ਫਸ ਕੇ ਨਿਰਵੈਰ ਬੰਦੇ ਨਾਲ ਭੀ ਵੈਰ ਕਮਾ ਲੈਂਦਾ ਹੈ,

47236	1099	ਮਾਰਿਆ ਸਚੈ ਪਾਤਿਸਾਹਿ ਵੇਖਿ ਧੁਰਿ ਕਰਿਮਚਾ॥	ਕਰਿਮਚਾ:ਪੋਲਾ ਬੋਲੋ। (ਕਰਿਮਚਾ) ਲੇਖਾ ਜੋਖਾ (ਦੂਜਾ ਪਾਠ: ਕਰਿ ਮਚਾ ੩. ਕਰਮਿ ਚਾ)	Maariaa Sachai Paathisaahi Vaekh Dhhur Karamachaa ||	The True King, the Primal Lord God, kills him when He sees what he has done.	ਮੁੰਢ ਤੋਂ ਹੀ ਉਸ ਲਾਲਚੀ ਦੇ ਕੰਮਾਂ ਨੂੰ ਵੇਖ ਕੇ ਸਦਾ-ਥਿਰ ਰਹਿਣ ਵਾਲੇ ਪ੍ਰਭੂ ਪਾਤਿਸ਼ਾਹ ਨੇ (ਉਸ ਦੀ ਜ਼ਮੀਰ ਨੂੰ) ਮਾਰ ਦਿੱਤਾ ਹੋਇਆ ਹੈ।
47237	1099	ਜਮਦੂਤੀ ਹੈ ਹੇਰਿਆ ਦੁਖ ਹੀ ਮਹਿ ਪਚਾ॥	ਪਚਾ: ਪੋਲਾ ਬੋਲੋ	Jamadhoothee Hai Haeriaa Dhukh Hee Mehi Pachaa ||	The Messenger of Death sees him, and he rots away in pain.	ਅਜੇਹਾ ਮਨੁੱਖ ਸਦਾ ਜਮਦੂਤਾਂ ਦੀ ਤੱਕ ਵਿਚ ਰਹਿੰਦਾ ਹੈ, ਦੁੱਖਾਂ ਵਿਚ ਹੀ ਖ਼ੁਆਰ ਹੁੰਦਾ ਹੈ।
47238	1099	ਹੋਆ ਤਪਾਵਸੁ ਧਰਮ ਕਾ ਨਾਨਕ ਦਰਿ ਸਚਾ॥੧੫॥		Hoaa Thapaavas Dhharam Kaa Naanak Dhar Sachaa ||15||	Even-handed justice is administered, O Nanak, in the Court of the True Lord. ||15||	ਹੇ ਨਾਨਕ! ਸੱਚੇ ਪ੍ਰਭੂ ਦੇ ਦਰ ਤੇ ਧਰਮ ਦਾ ਇਨਸਾਫ਼ (ਹੀ) ਹੁੰਦਾ ਹੈ ॥੧੫॥
47239	1099	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	
47240	1099	ਪਰਭਾਤੇ ਪ੍ਰਭ ਨਾਮੁ ਜਪਿ ਗੁਰ ਕੇ ਚਰਣ ਧਿਆਇ॥		Parabhaathae Prabh Naam Jap Gur Kae Charan Dhhiaae ||	In the early hours of the morning, chant the Name of God, and meditate on the Feet of the Guru.	ਅੰਮ੍ਰਿਤ ਵੇਲੇ ਉੱਠ ਕੇ ਪ੍ਰਭੂ ਦਾ ਨਾਮ ਸਿਮਰ, ਅਤੇ ਆਪਣੇ ਗੁਰੂ ਦੇ ਚਰਨਾਂ ਦਾ ਧਿਆਨ ਧਰ (ਭਾਵ, ਪ੍ਰਭੂ ਦੇ ਨਾਮ ਵਿਚ ਜੋੜਨ ਵਾਲੇ ਗੁਰੂ ਦਾ ਆਦਰ-ਸਤਕਾਰ ਪੂਰੀ ਨਿਮ੍ਰਤਾ ਹਲੀਮੀ ਨਾਲ ਆਪਣੇ ਹਿਰਦੇ ਵਿਚ ਟਿਕਾ)।

47241	1099	ਜਨਮ ਮਰਣ ਮਲੁ ਉਤਰੈ ਸਚੇ ਕੇ ਗੁਣ ਗਾਇ॥੧॥		Janam Maran Mal Outharai Sachae Kae Gun Gaae ||1||	The filth of birth and death is erased, singing the Glorious Praises of the True Lord. ||1||	ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਸਿਫ਼ਤ-ਸਾਲਾਹ ਕੀਤਿਆਂ ਜਨਮ ਮਰਨ ਦੇ ਗੇੜ ਵਿਚ ਪਾਣ ਵਾਲੀ ਵਿਕਾਰਾਂ ਦੀ ਮੈਲ ਮਨ ਤੋਂ ਉਤਰ ਜਾਂਦੀ ਹੈ ॥੧॥
47242	1099	ਮਃ ੫॥		Ma 5 ||	Fifth Mehl:	
47243	1099	ਦੇਹ ਅੰਧਾਰੀ ਅੰਧੁ ਸੁੰਞੀ ਨਾਮ ਵਿਹੂਣੀਆ॥		Dhaeh Andhhaaree Andhh Sunnjee Naam Vihooneeaa ||	The body is dark, blind and empty, without the Naam, the Name of the Lord.	ਨਾਮ ਤੋਂ ਖੁੰਝਿਆ ਹੋਇਆ ਸਰੀਰ (ਆਤਮਕ ਜੀਵਨ ਤੋਂ) ਸੱਖਣਾ ਰਹਿੰਦਾ ਹੈ, ਪੂਰਨ ਤੌਰ ਤੇ (ਆਤਮਕ ਜੀਵਨ ਦੀ ਸੂਝ ਵਲੋਂ) ਅੰਨ੍ਹਾ ਹੋ ਜਾਂਦਾ ਹੈ (ਭਾਵ, ਸਾਰੇ ਗਿਆਨ ਇੰਦ੍ਰੇ ਸੁਚੱਜੀ ਵਰਤੋਂ ਵਲੋਂ ਅੰਨ੍ਹੇ ਹੋ ਕੇ ਵਿਕਾਰਾਂ ਵਿਚ ਪਰਵਿਰਤ ਹੋਏ ਰਹਿੰਦੇ ਹਨ)।
47244	1099	ਨਾਨਕ ਸਫਲ ਜਨੰਮੁ ਜੈ ਘਟਿ ਵੁਠਾ ਸਚੁ ਧਣੀ॥੨॥		Naanak Safal Jananm Jai Ghatt Vuthaa Sach Dhhanee ||2||	O Nanak, fruitful is the birth of one, within whose heart the True Master dwells. ||2||	ਹੇ ਨਾਨਕ! ਜਿਸ ਮਨੁੱਖ ਦੇ ਹਿਰਦੇ ਵਿਚ ਸਦਾ-ਥਿਰ ਮਾਲਕ-ਪ੍ਰਭੂ ਆ ਵੱਸਦਾ ਹੈ, ਉਸ ਦੀ ਜ਼ਿੰਦਗੀ ਮੁਬਾਰਿਕ ਹੈ ॥੨॥
47245	1099	ਮਃ ੫॥		Ma 5 ||	Fifth Mehl:	

47246	1099	ਲੋਇਣ ਲੋਈ ਡਿਠ ਪਿਆਸ ਨ ਬੁਝੈ ਮੂ ਘਣੀ॥		Loein Loee Ddith Piaas N Bujhai Moo Ghanee ||	With my eyes, I have seen the Light; my great thirst for Him is not quenched.	(ਜਿਉਂ ਜਿਉਂ) ਮੈਂ ਇਹਨਾਂ ਅੱਖਾਂ ਨਾਲ (ਨਿਰੇ) ਜਗਤ ਨੂੰ (ਭਾਵ, ਦੁਨੀਆ ਦੇ ਪਦਾਰਥਾਂ ਨੂੰ) ਤੱਕਦਾ ਹਾਂ (ਇਹਨਾਂ ਪਦਾਰਥਾਂ ਵਾਸਤੇ ਮੇਰੀ ਲਾਲਸਾ ਬਹੁਤ ਵਧਦੀ ਜਾਂਦੀ ਹੈ, ਲਾਲਸਾ ਮੁੱਕਦੀ ਨਹੀਂ।
47247	1100	ਨਾਨਕ ਸੇ ਅਖੜੀਆ ਬਿਅੰਨਿ ਜਿਨੀ ਡਿਸੰਦੋ ਮਾ ਪਿਰੀ॥੩॥	ਗੁਰਬਾਣੀ ਅਰਥਾਂ ਚ ਲੀਣ ਸੁਰਤ ਰੂਪ, (ਬਿਅੰਨਿ) ਦੂਜੀਆਂ ਅੱਖਾਂ ਜੋ ਸਤਿਗੁਰੂ ਸਾਹਿਬ ਜੀ ਬਖ਼ਸ਼ਦੇ ਹਨ।ਅੱਖੜੀਆਂ।ਮਾ: ਬਿੰਦੀ ਨ ਲਾਉ	Naanak Sae Akharreeaa Biann Jinee Ddisandho Maa Piree ||3||	O Nanak, these are not the eyes which can see my Beloved Husband Lord. ||3||	ਹੇ ਨਾਨਕ! (ਤ੍ਰਿਸਨਾ-ਮਾਰੀਆਂ ਅੱਖਾਂ ਨਾਲ ਪਿਆਰਾ ਪ੍ਰਭੂ ਦਿੱਸ ਨਹੀਂ ਸਕਦਾ) ਉਹ ਅੱਖਾਂ (ਇਹਨਾਂ ਤ੍ਰਿਸ਼ਨਾ-ਵੇੜ੍ਹੀਆਂ ਅੱਖਾਂ ਨਾਲੋਂ) ਹੋਰ ਕਿਸਮ ਦੀਆਂ ਹਨ, ਜਿਨ੍ਹਾਂ ਨਾਲ ਪਿਆਰਾ ਪਤੀ-ਪ੍ਰਭੂ ਦਿੱਸਦਾ ਹੈ ॥੩॥
47248	1100	ਪਉੜੀ॥		Pourree ||	Pauree:	
47249	1100	ਜਿਨਿ ਜਨਿ ਗੁਰਮੁਖਿ ਸੇਵਿਆ ਤਿਨਿ ਸਭਿ ਸੁਖ ਪਾਈ॥		Jin Jan Guramukh Saeviaa Thin Sabh Sukh Paaee ||	That humble being, who, as Gurmukh, serves the Lord, obtains all peace and pleasure.	ਜਿਸ ਮਨੁੱਖ ਨੇ ਗੁਰੂ ਦੇ ਸਨਮੁਖ ਹੋ ਕੇ ਪ੍ਰਭੂ ਨੂੰ ਸਿਮਰਿਆ ਹੈ ਉਸ ਨੇ ਸਾਰੇ ਸੁਖ ਮਾਣ ਲਏ ਹਨ,
47250	1100	ਓਹੁ ਆਪਿ ਤਰਿਆ ਕੁਟੰਬ ਸਿਉ ਸਭੁ ਜਗਤੁ ਤਰਾਈ॥	ਜੱਗਤੁ	Ouhu Aap Thariaa Kuttanb Sio Sabh Jagath Tharaaee ||	He Himself is saved, along with his family, and all the world is saved as well.	ਉਹ ਆਪਣੇ ਪਰਵਾਰ ਸਮੇਤ ਆਪ ਭੀ (ਸੰਸਾਰ-ਸਮੁੰਦਰ ਤੋਂ) ਤਰ ਜਾਂਦਾ ਹੈ, ਸਾਰੇ ਜਗਤ ਨੂੰ ਭੀ ਤਾਰ ਲੈਂਦਾ ਹੈ।

47251	1100	ਓਨਿ ਹਰਿ ਨਾਮਾ ਧਨੁ ਸੰਚਿਆ ਸਭ ਤਿਖਾ ਬੁਝਾਈ॥	ਤਿਖਾ, ਬੁਝਾਈ: ਪੋਲਾ ਬੋਲੋ	Oun Har Naamaa Dhhan Sanchiaa Sabh Thikhaa Bujhaaee ||	He collects the wealth of the Lord's Name, and all his thirst is quenched.	ਉਸ ਮਨੁੱਖ ਨੇ ਪਰਮਾਤਮਾ ਦਾ ਨਾਮ-ਧਨ ਇਤਨਾ ਜੋੜਿਆ ਹੈ ਕਿ ਮਾਇਆ ਵਾਲੀ ਸਾਰੀ ਹੀ ਤ੍ਰਿਸ਼ਨਾ ਉਸ ਨੇ ਮਿਟਾ ਲਈ ਹੈ।
47252	1100	ਓਨਿ ਛਡੇ ਲਾਲਚ ਦੁਨੀ ਕੇ ਅੰਤਰਿ ਲਿਵ ਲਾਈ॥		Oun Shhaddae Laalach Dhunee Kae Anthar Liv Laaee ||	He renounces worldly greed, and his inner being is lovingly attuned to the Lord.	ਉਸ ਨੇ ਦੁਨੀਆ ਦੇ ਸਾਰੇ ਲਾਲਚ ਛੱਡ ਦਿੱਤੇ ਹਨ (ਲਾਲਚਾਂ ਵਿਚ ਨਹੀਂ ਫਸਦਾ) ਉਸ ਨੇ ਪ੍ਰਭੂ-ਚਰਨਾਂ ਵਿਚ ਸੁਰਤ ਜੋੜੀ ਹੋਈ ਹੈ।
47253	1100	ਓਸੁ ਸਦਾ ਸਦਾ ਘਰਿ ਅਨੰਦੁ ਹੈ ਹਰਿ ਸਖਾ ਸਹਾਈ॥		Ous Sadhaa Sadhaa Ghar Anandh Hai Har Sakhaa Sehaaee ||	Forever and ever, the home of his heart is filled with bliss; the Lord is his companion, help and support.	ਉਸ ਦੇ ਹਿਰਦੇ ਵਿਚ ਸਦਾ ਖ਼ੁਸ਼ੀ-ਅਨੰਦ ਹੈ, ਪ੍ਰਭੂ ਸਦਾ ਉਸ ਦਾ ਮਿਤ੍ਰ ਹੈ ਸਹਾਇਤਾ ਕਰਨ ਵਾਲਾ ਹੈ।
47254	1100	ਓਨਿ ਵੈਰੀ ਮਿਤ੍ਰ ਸਮ ਕੀਤਿਆ ਸਭ ਨਾਲਿ ਸੁਭਾਈ॥		Oun Vairee Mithr Sam Keethiaa Sabh Naal Subhaaee ||	He looks alike upon enemy and friend, and wishes well to all.	ਉਸ ਨੇ ਵੈਰੀ ਤੇ ਮਿਤ੍ਰ ਇਕੋ ਜੇਹੇ ਸਮਝ ਲਏ ਹਨ (ਹਰੇਕ ਨੂੰ ਮਿਤ੍ਰ ਸਮਝਦਾ ਹੈ), ਸਭਨਾਂ ਨਾਲ ਚੰਗਾ ਸੁਭਾਉ ਵਰਤਦਾ ਹੈ।
47255	1100	ਹੋਆ ਓਹੀ ਅਲੁ ਜਗ ਮਹਿ ਗੁਰ ਗਿਆਨੁ ਜਪਾਈ॥	ਅਲੁ:ਪੋਲਾ ਬੋਲੋ। (ਅਲੁ) ਪੂਰਨ,ਤ੍ਰਿਪਤ	Hoaa Ouhee Al Jag Mehi Gur Giaan Japaaee ||	He alone is fulfilled in this world, who meditates on the spiritual wisdom of the Guru.	ਉਹ ਮਨੁੱਖ ਗੁਰੂ ਤੋਂ ਮਿਲੇ ਉਪਦੇਸ਼ ਨੂੰ ਸਦਾ ਚੇਤੇ ਰੱਖਦਾ ਹੈ ਤੇ ਜਗਤ ਵਿਚ ਨਾਮਣੇ ਵਾਲਾ ਹੋ ਜਾਂਦਾ ਹੈ,

47256	1100	ਪੂਰਬਿ ਲਿਖਿਆ ਪਾਇਆ ਹਰਿ ਸਿਉ ਬਣਿ ਆਈ॥੧੬॥		Poorab Likhiaa Paaeiaa Har Sio Ban Aaee ||16||	He obtains what is pre-ordained for him, according to the Lord. ||16||	ਪਿਛਲੇ ਜਨਮਾਂ ਵਿਚ ਕੀਤੇ ਭਲੇ ਕਰਮਾਂ ਦੇ ਲੇਖ ਉਸ ਦੇ ਮੱਥੇ ਉਤੇ ਉੱਘੜ ਪੈਂਦੇ ਹਨ ਤੇ (ਇਸ ਜਨਮ ਵਿਚ) ਪਰਮਾਤਮਾ ਨਾਲ ਉਸ ਦੀ ਪੱਕੀ ਪ੍ਰੀਤ ਬਣ ਜਾਂਦੀ ਹੈ ॥੧੬॥
47257	1100	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	
47258	1100	ਸਚੁ ਸੁਹਾਵਾ ਕਾਢੀਐ ਕੂੜੈ ਕੂੜੀ ਸੋਇ॥		Sach Suhaavaa Kaadteeai Koorrai Koorree Soe ||	The true person is said to be beautiful; false is the reputation of the false.	ਹਰ ਕੋਈ ਆਖਦਾ ਹੈ ਕਿ (ਪਰਮਾਤਮਾ ਦਾ) ਨਾਮ-ਧਨ ਸੁਖ ਦੇਣ ਵਾਲਾ ਹੈ ਤੇ ਦੁਨੀਆਵੀ ਧਨ (ਦੇ ਇਕੱਠਾ ਕਰਨ) ਵਿਚ ਕੋਈ ਨ ਕੋਈ ਝਗੜੇ-ਉਪਾਧੀ ਵਾਲੀ ਖ਼ਬਰ ਹੀ ਸੁਣੀਦੀ ਹੈ।
47259	1100	ਨਾਨਕ ਵਿਰਲੇ ਜਾਣੀਅਹਿ ਜਿਨ ਸਚੁ ਪਲੈ ਹੋਇ॥੧॥	ਜਾਣੀ-ਅਹਿ	Naanak Viralae Jaaneeahi Jin Sach Palai Hoe ||1||	O Nanak, rare are those who have Truth in their laps. ||1||	ਫਿਰ ਭੀ, ਹੇ ਨਾਨਕ! ਐਸੇ ਬੰਦੇ ਵਿਰਲੇ ਹੀ ਮਿਲਦੇ ਹਨ, ਜਿਨ੍ਹਾਂ ਨੇ ਨਾਮ-ਧਨ ਇਕੱਠਾ ਕੀਤਾ ਹੋਵੇ (ਹਰ ਕੋਈ ਉਪਾਧੀ-ਮੂਲ ਦੁਨੀਆਵੀ ਧਨ ਦੇ ਹੀ ਪਿੱਛੇ ਦੌੜ ਰਿਹਾ ਹੈ) ॥੧॥
47260	1100	ਮਃ ੫॥		Ma 5 ||	Fifth Mehl:	

47261	1100	ਸਜਣ ਮੁਖੁ ਅਨੂਪੁ ਅਠੇ ਪਹਰ ਨਿਹਾਲਸਾ॥	ਨਿਹਾਲਸਾਂ	Sajan Mukh Anoop Athae Pehar Nihaalasaa ||	The face of my friend, the Lord, is incomparably beautiful; I would watch Him, twenty-four hours a day.	ਸੁੱਤੀ ਹੋਈ ਨੇ ਮੈਂ ਉਸ ਖਸਮ-ਪ੍ਰਭੂ ਨੂੰ (ਸੁਪਨੇ ਵਿਚ) ਵੇਖਿਆ, ਸੱਜਣ ਦਾ ਮੂੰਹ ਬਹੁਤ ਹੀ ਸੋਹਣਾ (ਲੱਗਾ)।
47262	1100	ਸੁਤੜੀ ਸੋ ਸਹੁ ਡਿਠੁ ਤੈ ਸੁਪਨੇ ਹਉ ਖੰਨੀਐ॥੨॥	ਸੁੱਤੜੀ	Sutharree So Sahu Ddith Thai Supanae Ho Khanneeai ||2||	In sleep, I saw my Husband Lord; I am a sacrifice to that dream. ||2||	ਹੇ ਸੁਪਨੇ! ਮੈਂ ਤੈਥੋਂ ਸਦਕੇ ਜਾਂਦੀ ਹਾਂ। (ਹੁਣ ਮੇਰੀ ਤਾਂਘ ਹੈ ਕਿ) ਮੈਂ ਅੱਠੇ ਪਹਰ (ਸੱਜਣ ਦਾ ਮੂੰਹ) ਵੇਖਦੀ ਰਹਾਂ ॥੨॥
47263	1100	ਮਃ ੫॥		Ma 5 ||	Fifth Mehl:	
47264	1100	ਸਜਣ ਸਚੁ ਪਰਖਿ ਮੁਖਿ ਅਲਾਵਣੁ ਥੋਥਰਾ॥	ਪਰਖਿ: ਪੋਲਾ ਬੋਲੋ	Sajan Sach Parakh Mukh Alaavan Thhothharaa ||	O my friend, realize the True Lord. Just to talk about Him is useless.	ਹੇ ਮਿਤ੍ਰ! (ਨਿਰਾ) ਮੂੰਹੋਂ ਆਖਣਾ ਵਿਅਰਥ ਹੈ, ਨਾਮ-ਧਨ ਨੂੰ (ਆਪਣੇ ਹਿਰਦੇ ਵਿਚ) ਜਾਚ-ਤੋਲ।
47265	1100	ਮੰਨ ਮਝਾਹੂ ਲਖਿ ਤੁਧਹੁ ਦੂਰਿ ਨ ਸੁ ਪਿਰੀ॥੩॥	ਲਖਿ: ਪੋਲਾ ਬੋਲੋ	Mann Majhaahoo Lakh Thudhhahu Dhoor N S Piree ||3||	See Him within your mind; your Beloved is not far away. ||3||	ਆਪਣੇ ਅੰਦਰ ਝਾਤੀ ਮਾਰ ਕੇ ਵੇਖ, ਉਹ ਪਤੀ-ਪ੍ਰਭੂ ਤੈਥੋਂ ਦੂਰ ਨਹੀਂ ਹੈ (ਤੇਰੇ ਅੰਦਰ ਹੀ ਵੱਸਦਾ ਹੈ) ॥੩॥
47266	1100	ਪਉੜੀ॥		Pourree ||	Pauree:	

47267	1100	ਧਰਤਿ ਆਕਾਸੁ ਪਾਤਾਲੁ ਹੈ ਚੰਦੁ ਸੂਰੁ ਬਿਨਾਸੀ॥		Dhharath Aakaas Paathaal Hai Chandh Soor Binaasee ||	The earth, the Akaashic ethers of the sky, the nether regions of the underworld, the moon and the sun shall pass away.	ਧਰਤੀ ਆਕਾਸ਼ ਪਾਤਾਲ ਚੰਦ ਅਤੇ ਸੂਰਜ-ਇਹ ਸਭ ਨਾਸਵੰਤ ਹਨ।
47268	1100	ਬਾਦਿਸਾਹ ਸਾਹ ਉਮਰਾਵ ਖਾਨ ਢਾਹਿ ਡੇਰੇ ਜਾਸੀ॥		Baadhisaah Saah Oumaraav Khaan Dtaahi Ddaerae Jaasee ||	Emperors, bankers, rulers and leaders shall depart, and their homes shall be demolished.	ਸ਼ਾਹ ਬਾਦਸ਼ਾਹ ਅਮੀਰ ਜਾਗੀਰਦਾਰ (ਸਭ ਆਪਣੇ) ਮਹਲ-ਮਾੜੀਆਂ ਛੱਡ ਕੇ (ਇਥੋਂ) ਤੁਰ ਜਾਣਗੇ।
47269	1100	ਰੰਗ ਤੁੰਗ ਗਰੀਬ ਮਸਤ ਸਭੁ ਲੋਕੁ ਸਿਧਾਸੀ॥		Rang Thung Gareeb Masath Sabh Lok Sidhhaasee ||	The poor and the rich, the humble and the intoxicated, all these people shall pass away.	ਕੰਗਾਲ, ਅਮੀਰ, ਗ਼ਰੀਬ, ਮਾਇਆ-ਮੱਤੇ (ਕੋਈ ਭੀ ਹੋਵੇ) ਸਾਰਾ ਜਗਤ ਹੀ (ਇਥੋਂ) ਚਾਲੇ ਪਾ ਜਾਇਗਾ।
47270	1100	ਕਾਜੀ ਸੇਖ ਮਸਾਇਕਾ ਸਭੇ ਉਠਿ ਜਾਸੀ॥		Kaajee Saekh Masaaeikaa Sabhae Outh Jaasee ||	The Qazis, Shaykhs and preachers shall all arise and depart.	ਕਾਜ਼ੀ ਸ਼ੇਖ਼ ਆਦਿਕ ਭੀ ਸਾਰੇ ਹੀ ਕੂਚ ਕਰ ਜਾਣਗੇ।
47271	1100	ਪੀਰ ਪੈਕਾਬਰ ਅਉਲੀਏ ਕੋ ਥਿਰੁ ਨ ਰਹਾਸੀ॥		Peer Paikaabar Aouleeeae Ko Thhir N Rehaasee ||	The spiritual teachers, prophets and disciples - none of these shall remain permanently.	ਪੀਰ ਪੈਗ਼ੰਬਰ ਵੱਡੇ ਵੱਡੇ ਧਾਰਮਿਕ ਆਗੂ-ਇਹਨਾਂ ਵਿਚੋਂ ਭੀ ਕੋਈ ਇਥੇ ਸਦਾ ਟਿਕਿਆ ਨਹੀਂ ਰਹੇਗਾ।

47272	1100	ਰੋਜਾ ਬਾਗ ਨਿਵਾਜ ਕਤੇਬ ਵਿਣੁ ਬੁਝੇ ਸਭ ਜਾਸੀ॥	ਰੋੱਜਾ।ਬਾਂਗ।ਬੁੱਝੇ	Rojaa Baag Nivaaj Kathaeb Vin Bujhae Sabh Jaasee ||	Fasts, calls to prayer and sacred scriptures - without understanding, all these shall vanish.	ਜਿਨ੍ਹਾਂ ਰੋਜ਼ੇ ਰੱਖੇ, ਬਾਂਗਾਂ ਦਿੱਤੀਆਂ, ਨਿਮਾਜ਼ਾਂ ਪੜ੍ਹੀਆਂ, ਧਾਰਮਿਕ ਪੁਸਤਕ ਪੜ੍ਹੇ ਉਹ ਭੀ ਅਤੇ ਜਿਨ੍ਹਾਂ ਇਹਨਾਂ ਦੀ ਸਾਰ ਨ ਸਮਝੀ ਉਹ ਭੀ ਸਾਰੇ (ਜਗਤ ਤੋਂ ਆਖ਼ਰ) ਚਲੇ ਜਾਣਗੇ।
47273	1100	ਲਖ ਚਉਰਾਸੀਹ ਮੇਦਨੀ ਸਭ ਆਵੈ ਜਾਸੀ॥		Lakh Chouraaseeh Maedhanee Sabh Aavai Jaasee ||	The 8.4 million species of beings of the earth shall all continue coming and going in reincarnation.	ਧਰਤੀ ਦੀਆਂ ਚੌਰਾਸੀ ਲੱਖ ਜੂਨਾਂ ਦੇ ਸਾਰੇ ਹੀ ਜੀਵ (ਜਗਤ ਵਿਚ) ਆਉਂਦੇ ਹਨ ਤੇ ਫਿਰ ਇਥੋਂ ਚਲੇ ਜਾਂਦੇ ਹਨ।
47274	1100	ਨਿਹਚਲੁ ਸਚੁ ਖੁਦਾਇ ਏਕੁ ਖੁਦਾਇ ਬੰਦਾ ਅਬਿਨਾਸੀ॥੧੭॥		Nihachal Sach Khudhaae Eaek Khudhaae Bandhaa Abinaasee ||17||	The One True Lord God is eternal and unchanging. The Lord's slave is also eternal. ||17||	ਸਿਰਫ਼ ਇਕ ਸੱਚਾ ਖ਼ੁਦਾ ਹੀ ਸਦਾ ਕਾਇਮ ਰਹਿਣ ਵਾਲਾ ਹੈ। ਖ਼ੁਦਾ ਦਾ ਬੰਦਾ (ਭਗਤ) ਭੀ ਜਨਮ ਮਰਨ ਦੇ ਗੇੜ ਵਿਚ ਨਹੀਂ ਆਉਂਦਾ ॥੧੭॥
47275	1100	ਡਖਣੇ ਮਃ ੫॥		Ddakhanae Ma 5 ||	Dakhanay, Fifth Mehl:	
47276	1100	ਡਿਠੀ ਹਭ ਢੰਢੋਲਿ ਹਿਕਸੁ ਬਾਝੁ ਨ ਕੋਇ॥	ਡਿੱਠੀ,ਹੱਭ	Ddithee Habh Dtandtol Hikas Baajh N Koe ||	I have seen and examined all; without the One Lord, there is none at all.	ਮੈਂ ਸਾਰੀ ਸ੍ਰਿਸ਼ਟੀ ਭਾਲ ਕੇ ਵੇਖ ਲਈ ਹੈ, (ਹੇ ਪ੍ਰਭੂ!) ਇਕ ਤੇਰੇ (ਦੀਦਾਰ ਤੋਂ) ਬਿਨਾ ਹੋਰ ਕੋਈ ਭੀ (ਪਦਾਰਥ ਮੈਨੂੰ ਆਤਮਕ ਸ਼ਾਂਤੀ) ਨਹੀਂ (ਦੇਂਦਾ)।

47277	1100	ਆਉ ਸਜਣ ਤੂ ਮੁਖਿ ਲਗੁ ਮੇਰਾ ਤਨੁ ਮਨੁ ਠੰਢਾ ਹੋਇ॥੧॥		Aao Sajan Thoo Mukh Lag Maeraa Than Man Thandtaa Hoe ||1||	Come, and show me Your face, O my friend, so that my body and mind may be cooled and soothed. ||1||	ਹੇ ਮਿਤ੍ਰ-ਪ੍ਰਭੂ! ਆ, ਤੂੰ ਮੈਨੂੰ ਦਰਸਨ ਦੇਹ, (ਤੇਰਾ ਦਰਸਨ ਕੀਤਿਆਂ) ਮੇਰੇ ਤਨ ਮਨ ਵਿਚ ਠੰਢ ਪੈਂਦੀ ਹੈ ॥੧॥
47278	1100	ਮਃ ੫॥		Ma 5 ||	Fifth Mehl:	
47279	1100	ਆਸਕੁ ਆਸਾ ਬਾਹਰਾ ਮੂ ਮਨਿ ਵਡੀ ਆਸ॥		Aasak Aasaa Baaharaa Moo Man Vaddee Aas ||	The lover is without hope, but within my mind, there is great hope.	(ਹੇ ਪ੍ਰਭੂ!) (ਤੇਰੇ ਚਰਨਾਂ ਦਾ ਸੱਚਾ) ਪ੍ਰੇਮੀ ਉਹੀ ਹੋ ਸਕਦਾ ਹੈ ਜਿਸ ਨੂੰ ਦੁਨੀਆਵੀ ਆਸਾਂ ਨਾਹ ਪੋਹ ਸਕਣ, ਪਰ ਮੇਰੇ ਮਨ ਵਿਚ ਤਾਂ ਵੱਡੀਆਂ ਵੱਡੀਆਂ ਆਸਾਂ ਹਨ।
47280	1100	ਆਸ ਨਿਰਾਸਾ ਹਿਕੁ ਤੂ ਹਉ ਬਲਿ ਬਲਿ ਬਲਿ ਗਈਆਸ॥੨॥		Aas Niraasaa Hik Thoo Ho Bal Bal Bal Geeaas ||2||	In the midst of hope, only You, O Lord, remain free of hope; I am a sacrifice, a sacrifice, a sacrifice to You. ||2||	ਸਿਰਫ਼ ਤੂੰ ਹੀ ਹੈਂ ਜੋ ਮੈਨੂੰ (ਦੁਨੀਆਵੀ) ਆਸਾਂ ਤੋਂ ਉਪਰਾਮ ਕਰ ਸਕਦਾ ਹੈਂ। ਮੈਂ ਤੈਥੋਂ ਹੀ ਕੁਰਬਾਨ ਜਾਂਦਾ ਹਾਂ (ਤੂੰ ਆਪ ਹੀ ਮੇਹਰ ਕਰ) ॥੨॥
47281	1100	ਮਃ ੫॥		Ma 5 ||	Fifth Mehl:	
47282	1100	ਵਿਛੋੜਾ ਸੁਣੇ ਡੁਖੁ ਵਿਣੁ ਡਿਠੇ ਮਰਿਓਦਿ॥		Vishhorraa Sunae Ddukh Vin Ddithae Marioudh ||	Even if I just hear of separation from You, I am in pain; without seeing You, O Lord, I die.	(ਪ੍ਰਭੂ-ਚਰਨਾਂ ਦਾ ਅਸਲ) ਪ੍ਰੇਮੀ ਉਹ ਹੈ ਜਿਸ ਨੂੰ ਇਹ ਸੁਣ ਕੇ ਹੀ ਦੁੱਖ ਪ੍ਰਤੀਤ ਹੋਵੇ ਕਿ ਪ੍ਰਭੂ ਤੋਂ ਵਿਛੋੜਾ ਹੋਣ ਲੱਗਾ ਹੈ। ਦੀਦਾਰ ਤੋਂ ਬਿਨਾ ਸੱਚਾ ਪ੍ਰੇਮੀ ਆਤਮਕ ਮੌਤ ਮਹਿਸੂਸ ਕਰਦਾ ਹੈ।

47283	1100	ਬਾਝੁ ਪਿਆਰੇ ਆਪਣੇ ਬਿਰਹੀ ਨਾ ਧੀਰੋਦਿ॥੩॥	(ਬਿਰਹੀ) ਪ੍ਰੇਮੀ। (ਧੀਰੋਦਿ) ਧੀਰਜ	Baajh Piaarae Aapanae Birehee Naa Dhheerodh ||3||	Without her Beloved, the separated lover takes no comfort. ||3||	ਆਪਣੇ ਪਿਆਰੇ ਪ੍ਰਭੂ ਤੋਂ ਵਿਛੁੜ ਕੇ ਪ੍ਰੇਮੀ ਦਾ ਮਨ ਖਲੋਂਦਾ ਨਹੀਂ ਹੈ ॥੩॥
47284	1100	ਪਉੜੀ॥		Pourree ||	Pauree:	
47285	1100	ਤਟ ਤੀਰਥ ਦੇਵ ਦੇਵਾਲਿਆ ਕੇਦਾਰੁ ਮਥੁਰਾ ਕਾਸੀ॥	ਤਟ: ਪੋਲਾ ਬੋਲੋ, ਕਾਂਸੀ	Thatt Theerathh Dhaev Dhaevaaliaa Kaedhaar Mathhuraa Kaasee ||	River-banks sacred shrines idols, temples, and places of pilgrimage like Kaydarnaat'h, Mat'huraa and Benares,	ਦੇਵਤਿਆਂ ਦੇ ਮੰਦਰ, ਕੇਦਾਰ ਮਥੁਰਾ ਕਾਂਸ਼ੀ ਆਦਿਕ ਤੀਰਥ,
47286	1100	ਕੋਟਿ ਤੇਤੀਸਾ ਦੇਵਤੇ ਸਣੁ ਇੰਦ੍ਰੈ ਜਾਸੀ॥		Kott Thaetheesaa Dhaevathae San Eindhrai Jaasee ||	The three hundred thirty million gods, along with Indra, shall all pass away.	ਤੇਤੀ ਕਰੋੜ ਦੇਵਤੇ, ਇੰਦਰ ਦੇਵਤਾ ਭੀ-ਆਖ਼ਰ ਨਾਸਵੰਤ ਹਨ।
47287	1100	ਸਿਮ੍ਰਿਤਿ ਸਾਸਤ੍ਰ ਬੇਦ ਚਾਰਿ ਖਟੁ ਦਰਸ ਸਮਾਸੀ॥	ਸਿਮ-ਿ੍ਰਤਿ: ਮ ਮੁਕਤਾ , ਅੱਧੇ ਰਾਰੇ ਸਿਹਾਰੀ ਲਾ ਕੇ,:ਪੋਲਾ ਬੋਲੋ , ਤੱਤੇ ਸਿਹਾਰੀ ਲਾਉ	Simrith Saasathr Baedh Chaar Khatt Dharas Samaasee ||	The Simritees, Shaastras, the four Vedas and the six systems of philosophy shall vanish.	ਚਾਰ ਵੇਦ ਸਿਮ੍ਰਿਤੀਆਂ ਸਾਸਤ੍ਰ ਆਦਿਕ ਧਾਰਮਿਕ ਪੁਸਤਕਾਂ (ਦੇ ਪੜ੍ਹਨ ਵਾਲੇ) ਤੇ ਛਿਆਂ ਭੇਖਾਂ ਦੇ ਸਾਧੂ ਭੀ ਅੰਤ ਨੂੰ ਚੱਲ ਜਾਣਗੇ।
47288	1100	ਪੋਥੀ ਪੰਡਿਤ ਗੀਤ ਕਵਿਤ ਕਵਤੇ ਭੀ ਜਾਸੀ॥	ਕਵਿ-ਤ, ਕਵ-ਤੇ: ਪੋਲੇ ਬੋਲੋ	Pothhee Panddith Geeth Kavith Kavathae Bhee Jaasee ||	Prayer books, Pandits, religious scholars, songs, poems and poets shall also depart.	ਪੁਸਤਕਾਂ ਦੇ ਵਿਦਵਾਨ, ਗੀਤਾਂ ਕਵਿਤਾਵਾਂ ਦੇ ਲਿਖਣ ਵਾਲੇ ਕਵੀ ਭੀ ਜਗਤ ਤੋਂ ਕੂਚ ਕਰ ਜਾਣਗੇ।

47289	1100	ਜਤੀ ਸਤੀ ਸੰਨਿਆਸੀਆ ਸਭਿ ਕਾਲੈ ਵਾਸੀ॥		Jathee Sathee Sanniaaseeaa Sabh Kaalai Vaasee ||	Those who are celibate, truthful and charitiable, and the Sannyaasee hermits are all subject to death.	ਜਤੀ ਸਤੀ ਸੰਨਿਆਸੀ-ਇਹ ਸਾਰੇ ਭੀ ਮੌਤ ਦੇ ਅਧੀਨ ਹਨ।
47290	1100	ਮੁਨਿ ਜੋਗੀ ਦਿਗੰਬਰਾ ਜਮੈ ਸਣੁ ਜਾਸੀ॥		Mun Jogee Dhiganbaraa Jamai San Jaasee ||	The silent sages, the Yogis and the nudists, along with the Messengers of Death, shall pass away.	ਸਮਾਧੀਆਂ ਲਾਵਣ ਵਾਲੇ, ਜੋਗੀ, ਨਾਂਗੇ, ਜਮਦੂਤ-ਇਹ ਭੀ ਨਾਸਵੰਤ ਹਨ।
47291	1100	ਜੋ ਦੀਸੈ ਸੋ ਵਿਣਸਣਾ ਸਭ ਬਿਨਸਿ ਬਿਨਾਸੀ॥		Jo Dheesai So Vinasanaa Sabh Binas Binaasee ||	Whatever is seen shall perish; all will dissolve and disappear.	(ਮੁੱਕਦੀ ਗੱਲ) (ਜਗਤ ਵਿਚ) ਜੋ ਕੁਝ ਦਿੱਸ ਰਿਹਾ ਹੈ ਉਹ ਨਾਸਵੰਤ ਹੈ, ਹਰੇਕ ਨੇ ਜ਼ਰੂਰ ਨਾਸ ਹੋ ਜਾਣਾ ਹੈ।
47292	1100	ਥਿਰੁ ਪਾਰਬ੍ਰਹਮੁ ਪਰਮੇਸਰੋ ਸੇਵਕੁ ਥਿਰੁ ਹੋਸੀ॥੧੮॥		Thhir Paarabreham Paramaesaro Saevak Thhir Hosee ||18||	Only the Supreme Lord God, the Transcendent Lord, is permanent. His servant becomes permanent as well. ||18||	ਸਦਾ ਕਾਇਮ ਰਹਿਣ ਵਾਲਾ ਕੇਵਲ ਪਾਰਬ੍ਰਹਮ ਪਰਮੇਸਰ ਹੀ ਹੈ। ਉਸ ਦਾ ਭਗਤ ਭੀ ਜੰਮਣ ਮਰਨ ਤੋਂ ਰਹਿਤ ਹੋ ਜਾਂਦਾ ਹੈ ॥੧੮॥
47293	1100	ਸਲੋਕ ਡਖਣੇ ਮਃ ੫॥		Salok Ddakhanae Ma 5 ||	Shalok Dakhanay, Fifth Mehl:	

47294	1100	ਸੈ ਨੰਗੇ ਨਹ ਨੰਗ ਭੁਖੇ ਲਖ ਨ ਭੁਖਿਆ॥	ਭੁੱਖੇ। ਲੱਖ। ਭੁੱਖਿਆ	Sai Nangae Neh Nang Bhukhae Lakh N Bhukhiaa ||	Hundreds of times naked does not make the person naked; tens of thousands of hungers do not make him hungry;	ਉਸ ਮਨੁੱਖ ਨੂੰ ਨੰਗ ਦੀ ਪਰਵਾਹ ਨਹੀਂ ਹੁੰਦੀ ਚਾਹੇ ਸੈਂਕੜੇ ਵਾਰੀ ਨੰਗਾ ਰਹਿਣਾ ਪਏ, ਉਸ ਨੂੰ ਭੁੱਖ ਨਹੀਂ ਚੁੱਭਦੀ ਚਾਹੇ ਲੱਖਾਂ ਵਾਰੀ ਭੁੱਖਾ ਰਹਿਣਾ ਪਏ।
47295	1100	ਡੁਖੇ ਕੋੜਿ ਨ ਡੁਖ ਨਾਨਕ ਪਿਰੀ ਪਿਖੰਦੋ ਸੁਭ ਦਿਸਟਿ॥੧॥	ਕੋੜਿ: ਝਾੜੇ ਨੂੰ ਹਲੰਤ ਨਹੀਂ ਲਾਉਣਾ। ਡੁੱਖੇ। ਡੁੱਖ	Ddukhae Korr N Ddukh Naanak Piree Pikhandho Subh Dhisatt ||1||	Millions of pains do not cause him pain. O Nanak, the Husband Lord blesses him with his Glance of Grace. ||1||	ਹੇ ਨਾਨਕ! (ਜਿਸ ਮਨੁੱਖ ਵਲ) ਪ੍ਰਭੂ-ਪਤੀ ਸਵੱਲੀ ਨਜ਼ਰ ਨਾਲ ਤੱਕੇ, ਉਸ ਨੂੰ ਕੋਈ ਦੁੱਖ ਨਹੀਂ ਪੋਹਦਾ ਚਾਹੇ ਕ੍ਰੋੜਾਂ ਦੁੱਖ ਵਾਪਰਨ ॥੧॥
47296	1101	ਮਃ ੫॥		Ma 5 ||	Fifth Mehl:	
47297	1101	ਸੁਖ ਸਮੂਹਾ ਭੋਗ ਭੂਮਿ ਸਬਾਈ ਕੋ ਧਣੀ॥		Sukh Samoohaa Bhog Bhoom Sabaaee Ko Dhhanee ||	Even if one were to enjoy all pleasures, and be master of the entire earth,	ਜੇ ਕਿਸੇ ਮਨੁੱਖ ਨੂੰ ਸਾਰੇ ਸੁਖ ਮਾਣਨ ਨੂੰ ਮਿਲੇ ਹੋਣ, ਜੇ ਉਹ ਸਾਰੀ ਧਰਤੀ ਦਾ ਮਾਲਕ ਹੋਵੇ,
47298	1101	ਨਾਨਕ ਹਭੋ ਰੋਗੁ ਮਿਰਤਕ ਨਾਮ ਵਿਹੂਣਿਆ॥੨॥		Naanak Habho Rog Mirathak Naam Vihooniaa ||2||	O Nanak, all of that is just a disease. Without the Naam, he is dead. ||2||	(ਪਰ) ਹੇ ਨਾਨਕ! ਜੇ ਉਹ ਪ੍ਰਭੂ ਦੇ ਨਾਮ ਤੋਂ ਸੱਖਣਾ ਹੈ ਉਸ ਦੀ ਆਤਮਾ ਮੁਰਦਾ ਹੈ, ਸਾਰੇ ਸੁਖ ਉਸ ਲਈ ਰੋਗ (ਸਮਾਨ) ਹਨ (ਉਸ ਦੀ ਆਤਮਾ ਨੂੰ ਹੋਰ ਮੁਰਦਿਹਾਣ ਦੇਂਦੇ ਹਨ) ॥੨॥
47299	1101	ਮਃ ੫॥		Ma 5 ||	Fifth Mehl:	

47300	1101	ਹਿਕਸ ਕੂੰ ਤੂ ਆਹਿ ਪਛਾਣੂ ਭੀ ਹਿਕੁ ਕਰਿ॥		Hikas Koon Thoo Aahi Pashhaanoo Bhee Hik Kar ||	Yearn for the One Lord, and make Him your friend.	ਸਿਰਫ਼ ਇਕ ਪਰਮਾਤਮਾ ਨੂੰ ਮਿਲਣ ਦੀ ਤਾਂਘ ਰੱਖ, ਇਕ ਪਰਮਾਤਮਾ ਨੂੰ ਹੀ ਆਪਣਾ ਮਿੱਤਰ ਬਣਾ,
47301	1101	ਨਾਨਕ ਆਸੜੀ ਨਿਬਾਹਿ ਮਾਨੁਖ ਪਰਥਾਈ ਲਜੀਵਦੋ॥੩॥	(ਪਰਥਾਈ) ਪਾਸੋਂ ਮੰਗਣਾ।ਲੱਜੀਵਦੋ। ਸ਼ਰਮਿੰਦਾ। ਹੋਣਾ	Naanak Aasarree Nibaahi Maanukh Parathhaaee Lajeevadho ||3||	O Nanak, He alone fulfills your hopes; you should feel embarrassed, visiting other places. ||3||	ਹੇ ਨਾਨਕ! ਉਹੀ ਤੇਰੀ ਆਸ ਪੂਰੀ ਕਰਨ ਵਾਲਾ ਹੈ। ਕਿਸੇ ਮਨੁੱਖ ਦਾ ਆਸਰਾ ਲੈਣਾ ਲੱਜਾ ਦਾ ਕਾਰਨ ਬਣਦਾ ਹੈ ॥੩॥
47302	1101	ਪਉੜੀ॥		Pourree ||	Pauree:	
47303	1101	ਨਿਹਚਲੁ ਏਕੁ ਨਰਾਇਣੋ ਹਰਿ ਅਗਮ ਅਗਾਧਾ॥		Nihachal Eaek Naraaeino Har Agam Agaadhhaa ||	The One and only Lord is eternal, imperishable, inaccessible and incomprehensible.	ਸਿਰਫ਼ ਅਪਹੁੰਚ ਤੇ ਅਥਾਹ ਹਰੀ-ਪਰਮਾਤਮਾ ਹੀ ਸਦਾ-ਥਿਰ ਰਹਿਣ ਵਾਲਾ ਹੈ,
47304	1101	ਨਿਹਚਲੁ ਨਾਮੁ ਨਿਧਾਨੁ ਹੈ ਜਿਸੁ ਸਿਮਰਤ ਹਰਿ ਲਾਧਾ॥		Nihachal Naam Nidhhaan Hai Jis Simarath Har Laadhhaa ||	The treasure of the Naam is eternal and imperishable. Meditating in remembrance on Him, the Lord is attained.	ਉਸ ਹਰੀ ਦਾ ਨਾਮ-ਖ਼ਜ਼ਾਨਾ ਭੀ ਅਮੁੱਕ ਹੈ, ਨਾਮ ਸਿਮਰਿਆਂ ਪਰਮਾਤਮਾ ਲੱਭ ਪੈਂਦਾ ਹੈ।

47305	1101	ਨਿਹਚਲੁ ਕੀਰਤਨੁ ਗੁਣ ਗੋਬਿੰਦ ਗੁਰਮੁਖਿ ਗਾਵਾਧਾ॥		Nihachal Keerathan Gun Gobindh Guramukh Gaavaadhhaa ||	The Kirtan of His Praises is eternal and imperishable; the Gurmukh sings the Glorious Praises of the Lord of the Universe.	ਗੁਰੂ ਦੀ ਸਰਨ ਪੈ ਕੇ ਗਾਂਵਿਆ ਹੋਇਆ ਪਰਮਾਤਮਾ ਦੇ ਗੁਣਾਂ ਦਾ ਕੀਰਤਨ ਭੀ (ਐਸਾ ਖ਼ਜ਼ਾਨਾ ਹੈ ਜੋ) ਸਦਾ ਕਾਇਮ ਰਹਿੰਦਾ ਹੈ।
47306	1101	ਸਚੁ ਧਰਮੁ ਤਪੁ ਨਿਹਚਲੋ ਦਿਨੁ ਰੈਨਿ ਅਰਾਧਾ॥		Sach Dhharam Thap Nihachalo Dhin Rain Araadhhaa ||	Truth, righteousness, Dharma and intense meditation are eternal and imperishable. Day and night, worship the Lord in adoration.	ਦਿਨ ਰਾਤ ਪ੍ਰਭੂ ਦਾ ਸਿਮਰਨ ਕਰਨਾ ਚਾਹੀਦਾ ਹੈ, ਇਹੀ ਹੈ ਸਦਾ-ਥਿਰ ਧਰਮ ਤੇ ਇਹੀ ਹੈ ਸਦਾ ਕਾਇਮ ਰਹਿਣ ਵਾਲਾ ਤਪ।
47307	1101	ਦਇਆ ਧਰਮੁ ਤਪੁ ਨਿਹਚਲੋ ਜਿਸੁ ਕਰਮਿ ਲਿਖਾਧਾ॥		Dhaeiaa Dhharam Thap Nihachalo Jis Karam Likhaadhhaa ||	Compassion, righteousness, Dharma and intense meditation are eternal and imperishable; they alone obtain these, who have such pre-ordained destiny.	ਪਰ ਇਹ ਅਟੱਲ ਤਪ ਦਇਆ ਤੇ ਧਰਮ ਉਸੇ ਨੂੰ ਮਿਲਦਾ ਹੈ ਜਿਸ ਦੇ ਭਾਗਾਂ ਵਿਚ ਪ੍ਰਭੂ ਦੀ ਮੇਹਰ ਨਾਲ ਲਿਖਿਆ ਗਿਆ ਹੈ।
47308	1101	ਨਿਹਚਲੁ ਮਸਤਕਿ ਲੇਖੁ ਲਿਖਿਆ ਸੋ ਟਲੈ ਨ ਟਲਾਧਾ॥		Nihachal Masathak Laekh Likhiaa So Ttalai N Ttalaadhhaa ||	The inscription inscribed upon one's forehead is eternal and imperishable; it cannot be avoided by avoidance.	ਮੱਥੇ ਉਤੇ ਲਿਖਿਆ ਹੋਇਆ ਇਹ ਲੇਖ ਐਸਾ ਹੈ ਕਿ ਕਿਸੇ ਦੇ ਟਾਲਿਆਂ ਟਲ ਨਹੀਂ ਸਕਦਾ।

47309	1101	ਨਿਹਚਲੁ ਸੰਗਤਿ ਸਾਧ ਜਨ ਬਚਨ ਨਿਹਚਲੁ ਗੁਰ ਸਾਧਾ॥	ਸਾਧਾ: ਪੋਲਾ ਬੋਲੋ ਬਿੰਦੀ ਬਿਨਾ	Nihachal Sangath Saadhh Jan Bachan Nihachal Gur Saadhhaa ||	The Congregation, the Company of the Holy, and the word of the humble, are eternal and imperishable. The Holy Guru is eternal and imperishable.	ਸਾਧ ਜਨਾਂ ਦੀ ਸੰਗਤ (ਭੀ ਮਨੁੱਖਾ ਜੀਵਨ ਵਾਸਤੇ ਇਕ) ਅਟੱਲ (ਰਸਤਾ) ਹੈ, ਗੁਰੂ-ਸਾਧ ਦੇ ਬਚਨ ਭੀ (ਮਨੁੱਖ ਦੀ ਅਗਵਾਈ ਵਾਸਤੇ) ਅਟੱਲ (ਬੋਲ) ਹਨ।
47310	1101	ਜਿਨ ਕਉ ਪੂਰਬਿ ਲਿਖਿਆ ਤਿਨ ਸਦਾ ਸਦਾ ਆਰਾਧਾ॥੧੯॥		Jin Ko Poorab Likhiaa Thin Sadhaa Sadhaa Aaraadhhaa ||19||	Those who have such pre-ordained destiny worship and adore the Lord, forever and ever. ||19||	ਪੂਰਬਲੇ ਜਨਮ ਵਿਚ ਕੀਤੇ ਕਰਮਾਂ ਦਾ ਲੇਖ ਜਿਨ੍ਹਾਂ ਦੇ ਮੱਥੇ ਉਤੇ ਉੱਘੜਿਆ ਹੈ, ਉਹਨਾਂ ਨੇ ਸਦਾ ਹੀ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਸਿਮਰਨ ਕੀਤਾ ਹੈ ॥੧੯॥
47311	1101	ਸਲੋਕ ਡਖਣੇ ਮਃ ੫॥		Salok Ddakhanae Ma 5 ||	Shalok, Dakhanay, Fifth Mehl:	
47312	1101	ਜੋ ਡੁਬੰਦੋ ਆਪਿ ਸੋ ਤਰਾਏ ਕਿਨ੍ ਖੇ॥		Jo Ddubandho Aap So Tharaaeae Kinh Khae ||	One who himself has drowned - how can he carry anyone else across?	ਜੇਹੜਾ ਮਨੁੱਖ ਆਪ ਹੀ (ਸੰਸਾਰ-ਸਮੁੰਦਰ ਦੇ ਵਿਕਾਰਾਂ ਦੀਆਂ ਲਹਿਰਾਂ ਵਿਚ) ਡੁੱਬ ਰਿਹਾ ਹੋਵੇ, ਉਹ ਹੋਰ ਕਿਨ੍ਹਾਂ ਨੂੰ ਤਾਰ ਸਕਦਾ ਹੈ?
47313	1101	ਤਾਰੇਦੜੋ ਭੀ ਤਾਰਿ ਨਾਨਕ ਪਿਰ ਸਿਉ ਰਤਿਆ॥੧॥		Thaaraedharro Bhee Thaar Naanak Pir Sio Rathiaa ||1||	One who is imbued with the Love of the Husband Lord - O Nanak, he himself is saved, and he saves others as well. ||1||	ਹੇ ਨਾਨਕ! ਜੋ ਮਨੁੱਖ ਪਤੀ-ਪਰਮਾਤਮਾ (ਦੇ ਪਿਆਰ) ਵਿਚ ਰੰਗੇ ਹੋਏ ਹਨ ਉਹ (ਇਹਨਾਂ ਠਿੱਲ੍ਹਾਂ ਵਿਚੋਂ) ਆਪ ਭੀ ਤਰ ਜਾਂਦੇ ਹਨ ਤੇ ਹੋਰਨਾਂ ਨੂੰ ਭੀ ਤਾਰ ਲੈਂਦੇ ਹਨ ॥੧॥
47314	1101	ਮਃ ੫॥		Ma 5 ||	Fifth Mehl:	

47315	1101	ਜਿਥੈ ਕੋਇ ਕਥੰਨਿ ਨਾਉ ਸੁਣੰਦੋ ਮਾ ਪਿਰੀ॥	ਮਾ: ਬਿੰਦੀ ਨ ਲਾਉ	Jithhai Koe Kathhann Naao Sunandho Maa Piree ||	Wherever someone speaks and hears the Name of my Beloved Lord,	ਜਿਸ ਥਾਂ (ਭਾਵ, ਸਾਧ ਸੰਗਤ ਵਿਚ) ਕੋਈ (ਗੁਰਮੁਖ ਬੰਦੇ) ਮੇਰੇ ਪਤੀ-ਪ੍ਰਭੂ ਦਾ ਨਾਮ ਸੁਣਦੇ ਉਚਾਰਦੇ ਹੋਣ, ਮੈਂ ਭੀ ਉਥੇ (ਚੱਲ ਕੇ) ਜਾਵਾਂ।
47316	1101	ਮੂੰ ਜੁਲਾਊਂ ਤਥਿ ਨਾਨਕ ਪਿਰੀ ਪਸੰਦੋ ਹਰਿਓ ਥੀਓਸਿ॥੨॥	(ਤੱਥਿ) ਤਿਸ ਜਗ੍ਹਾ	Moon Julaaoon Thathh Naanak Piree Pasandho Hariou Thheeous ||2||	That is where I go, O Nanak, to see Him, and blossom forth in bliss. ||2||	(ਕਿਉਂਕਿ) ਹੇ ਨਾਨਕ! (ਸਾਧ ਸੰਗਤ ਵਿਚ) ਪਿਰ ਦਾ ਦੀਦਾਰ ਕਰ ਕੇ (ਆਪਾ) ਹਰਾ ਹੋ ਜਾਂਦਾ ਹੈ (ਆਤਮਕ ਜੀਵਨ ਮਿਲ ਜਾਂਦਾ ਹੈ) ॥੨॥
47317	1101	ਮਃ ੫॥		Ma 5 ||	Fifth Mehl:	
47318	1101	ਮੇਰੀ ਮੇਰੀ ਕਿਆ ਕਰਹਿ ਪੁਤ੍ਰ ਕਲਤ੍ਰ ਸਨੇਹ॥	ਕ-ਲੱਤ੍ਰ	Maeree Maeree Kiaa Karehi Puthr Kalathr Sanaeh ||	You are in love with your children and your wife; why do you keep calling them your own?	ਮੋਹ ਵਿਚ ਫਸ ਕੇ ਤੂੰ ਕਿਉਂ ਇਹ ਆਖੀ ਜਾ ਰਿਹਾ ਹੈਂ ਕਿ ਇਹ ਮੇਰੀ ਇਸਤ੍ਰੀ ਹੈ ਇਹ ਮੇਰਾ ਪੁੱਤਰ ਹੈ?
47319	1101	ਨਾਨਕ ਨਾਮ ਵਿਹੂਣੀਆ ਨਿਮੁਣੀਆਦੀ ਦੇਹ॥੩॥	(ਨਿ-ਮੁਣੀ-ਆਦੀ) ਮੁਨਿਆਦ ਰਹਿਤ	Naanak Naam Vihooneeaa Nimuneeaadhee Dhaeh ||3||	O Nanak, without the Naam, the Name of the Lord, the human body has no foundation. ||3||	ਹੇ ਨਾਨਕ! (ਮੋਹ ਵਿਚ ਫਸ ਕੇ) ਪ੍ਰਭੂ ਦੇ ਨਾਮ ਤੋਂ ਸੱਖਣਾ ਰਹਿ ਕੇ ਇਹ ਸਰੀਰ ਜਿਸ ਦੀ ਪਾਂਇਆਂ ਕੋਈ ਨਹੀਂ (ਵਿਅਰਥ ਚਲਾ ਜਾਇਗਾ) ॥੩॥
47320	1101	ਪਉੜੀ॥		Pourree ||	Pauree:	

47321	1101	ਨੈਨੀ ਦੇਖਉ ਗੁਰ ਦਰਸਨੋ ਗੁਰ ਚਰਣੀ ਮਥਾ॥	ਮੱਥਾ	Nainee Dhaekho Gur Dharasano Gur Charanee Mathhaa ||	With my eyes, I gaze upon the Blessed Vision of the Guru's Darshan; I touch my forehead to the Guru's feet.	ਮੈਂ ਅੱਖਾਂ ਨਾਲ ਗੁਰੂ ਦਾ ਦਰਸਨ ਕਰਦਾ ਹਾਂ, ਆਪਣਾ ਮੱਥਾ ਗੁਰੂ ਦੇ ਚਰਨਾਂ ਵਿਚ ਧਰਦਾ ਹਾਂ,
47322	1101	ਪੈਰੀ ਮਾਰਗਿ ਗੁਰ ਚਲਦਾ ਪਖਾ ਫੇਰੀ ਹਥਾ॥	ਪੈਰੀਂ। ਪੱਖਾ। ਹੱਥਾ	Pairee Maarag Gur Chaladhaa Pakhaa Faeree Hathhaa ||	With my feet I walk on the Guru's Path; with my hands, I wave the fan over Him.	ਪੈਰਾਂ ਨਾਲ ਮੈਂ ਗੁਰੂ ਦੇ ਦੱਸੇ ਰਸਤੇ ਉਤੇ ਤੁਰਦਾ ਹਾਂ, ਹੱਥਾਂ ਨਾਲ ਮੈਂ (ਗੁਰੂ ਨੂੰ ਸੰਗਤ ਨੂੰ) ਪੱਖਾ ਝੱਲਦਾ ਹਾਂ।
47323	1101	ਅਕਾਲ ਮੂਰਤਿ ਰਿਦੈ ਧਿਆਇਦਾ ਦਿਨੁ ਰੈਨਿ ਜਪੰਥਾ॥		Akaal Moorath Ridhai Dhhiaaeidhaa Dhin Rain Japanthhaa ||	I meditate on Akaal Moorat, the undying form, within my heart; day and night, I meditate on Him.	(ਇਸ ਸੰਜਮ ਵਿਚ ਰਹਿ ਕੇ) ਮੈਂ ਪਰਮਾਤਮਾ ਦਾ ਸਰੂਪ ਆਪਣੇ ਹਿਰਦੇ ਵਿਚ ਟਿਕਾਂਦਾ ਹਾਂ ਤੇ ਦਿਨ ਰਾਤ (ਉਸ ਦਾ ਨਾਮ) ਜਪਦਾ ਹਾਂ।
47324	1101	ਮੈ ਛਡਿਆ ਸਗਲ ਅਪਾਇਣੋ ਭਰਵਾਸੈ ਗੁਰ ਸਮਰਥਾ॥	ਸਮਰੱਥਾ	Mai Shhaddiaa Sagal Apaaeino Bharavaasai Gur Samarathhaa ||	I have renounced all possessiveness, and have placed my faith in the all-powerful Guru.	ਸਭ ਤਾਕਤਾਂ ਦੇ ਮਾਲਕ ਗੁਰੂ ਵਿਚ ਸਰਧਾ ਧਾਰ ਕੇ ਮੈਂ (ਮਾਇਆ ਵਾਲੀ) ਸਾਰੀ ਅਪਣੱਤ ਦੂਰ ਕਰ ਲਈ ਹੈ।
47325	1101	ਗੁਰਿ ਬਖਸਿਆ ਨਾਮੁ ਨਿਧਾਨੁ ਸਭੋ ਦੁਖੁ ਲਥਾ॥	ਲੱਥਾ	Gur Bakhasiaa Naam Nidhhaan Sabho Dhukh Lathhaa ||	The Guru has blessed me with the treasure of the Naam; I am rid of all sufferings.	ਗੁਰੂ ਨੇ ਮੈਨੂੰ ਪ੍ਰਭੂ ਦਾ ਨਾਮ-ਖ਼ਜ਼ਾਨਾ ਦਿੱਤਾ ਹੈ, (ਹੁਣ) ਮੇਰਾ ਸਾਰਾ ਦੁੱਖ-ਕਲੇਸ਼ ਲਹਿ ਗਿਆ ਹੈ।

47326	1101	ਭੋਗਹੁ ਭੁੰਚਹੁ ਭਾਈਹੋ ਪਲੈ ਨਾਮੁ ਅਗਥਾ॥	ਅ-ਗੱਥਾ	Bhogahu Bhunchahu Bhaaeeho Palai Naam Agathhaa ||	Eat and enjoy the Naam, the Name of the indescribable Lord, O Siblings of Destiny.	ਹੇ ਭਰਾਵੋ! (ਤੁਸੀਂ ਭੀ) ਅਕੱਥ ਪ੍ਰਭੂ ਦੇ ਨਾਮ-ਖ਼ਜ਼ਾਨੇ ਨੂੰ (ਖੁਲ੍ਹੇ ਦਿਲ) ਵਰਤੋ, ਤੇ ਇਕੱਠਾ ਕਰੋ।
47327	1101	ਨਾਮੁ ਦਾਨੁ ਇਸਨਾਨੁ ਦਿੜੁ ਸਦਾ ਕਰਹੁ ਗੁਰ ਕਥਾ॥	ਕਥਾ: ਪੋਲਾ ਬੋਲੋ	Naam Dhaan Eisanaan Dhirr Sadhaa Karahu Gur Kathhaa ||	Confirm your faith in the Naam, charity and self-purification; chant the Guru's sermon forever.	ਸਦਾ ਗੁਰੂ ਦੀਆਂ ਕਹਾਣੀਆਂ ਕਰੋ, ਨਾਮ ਜਪੋ, ਸੇਵਾ ਕਰੋ ਤੇ ਆਪਣਾ ਆਚਰਨ ਪਵਿੱਤ੍ਰ ਬਣਾਓ।
47328	1101	ਸਹਜੁ ਭਇਆ ਪ੍ਰਭੁ ਪਾਇਆ ਜਮ ਕਾ ਭਉ ਲਥਾ॥੨੦॥	ਲੱਥਾ	Sehaj Bhaeiaa Prabh Paaeiaa Jam Kaa Bho Lathhaa ||20||	Blessed with intuitive poise, I have found God; I am rid of the fear of the Messenger of Death. ||20||	(ਇਸ ਤਰ੍ਹਾਂ ਜਦੋਂ) ਮਨ ਦੀ ਅਡੋਲਤਾ ਬਣ ਜਾਂਦੀ ਹੈ, ਤਾਂ ਰੱਬ ਮਿਲ ਪੈਂਦਾ ਹੈ, (ਫਿਰ) ਮੌਤ ਦਾ ਡਰ ਭੀ ਦੂਰ ਹੋ ਜਾਂਦਾ ਹੈ (ਆਤਮਕ ਮੌਤ ਨੇੜੇ ਨਹੀਂ ਢੁਕ ਸਕਦੀ) ॥੨੦॥
47329	1101	ਸਲੋਕ ਡਖਣੇ ਮਃ ੫॥		Salok Ddakhanae Ma 5 ||	Shalok, Dakhanay, Fifth Mehl:	
47330	1101	ਲਗੜੀਆ ਪਿਰੀਅੰਨਿ ਪੇਖੰਦੀਆ ਨਾ ਤਿਪੀਆ॥	ਤਿਪੀਆਂ:ਪੋਲਾ ਬੋਲੋ। (ਤਿਪੀਆ) ਰੱਜਦੀਆਂ ਨਹੀਂ ਅੱਖਾਂ। ਲੱਗੜੀਆਂ	Lagarreeaa Pireeann Paekhandheeaa Naa Thipeeaa ||	I am centered and focused on my Beloved, but I am not satisfied, even by seeing Him.	(ਮੇਰੀਆਂ ਅੱਖਾਂ) ਪਤੀ-ਪ੍ਰਭੂ ਨਾਲ ਲੱਗ ਗਈਆਂ ਹਨ (ਹੁਣ ਇਹ ਅੱਖਾਂ ਉਸ ਨੂੰ) ਵੇਖ ਵੇਖ ਕੇ ਰੱਜਦੀਆਂ ਨਹੀਂ (ਅੱਕਦੀਆਂ ਨਹੀਂ)।

47331	1101	ਹਭ ਮਝਾਹੂ ਸੋ ਧਣੀ ਬਿਆ ਨ ਡਿਠੋ ਕੋਇ॥੧॥		Habh Majhaahoo So Dhhanee Biaa N Dditho Koe ||1||	The Lord and Master is within all; I do not see any other. ||1||	ਉਹ ਮਾਲਕ-ਪ੍ਰਭੂ (ਹੁਣ ਮੈਨੂੰ) ਸਭਨਾਂ ਵਿਚ (ਦਿੱਸ ਰਿਹਾ ਹੈ), (ਮੈਂ ਕਿਤੇ ਭੀ ਉਸ ਤੋਂ ਬਿਨਾ ਉਸ ਵਰਗਾ) ਕੋਈ ਦੂਜਾ ਨਹੀਂ ਵੇਖਿਆ ॥੧॥
47332	1101	ਮਃ ੫॥		Ma 5 ||	Fifth Mehl:	
47333	1101	ਕਥੜੀਆ ਸੰਤਾਹ ਤੇ ਸੁਖਾਊ ਪੰਧੀਆ॥	(ਪੰਧੀਆਂ) ਡੰਡੀਆਂ। ਕਥੜੀਆਂ: ਪੋਲਾ ਬੋਲੋ	Kathharreeaa Santhaah Thae Sukhaaoo Pandhheeaa ||	The sayings of the Saints are the paths of peace.	ਸੰਤ ਜਨਾਂ ਦੇ ਉਪਦੇਸ਼-ਮਈ ਬਚਨ ਸੁਖ ਵਿਖਾਲਣ ਵਾਲਾ ਰਸਤਾ ਹਨ;
47334	1101	ਨਾਨਕ ਲਧੜੀਆ ਤਿੰਨਾਹ ਜਿਨਾ ਭਾਗੁ ਮਥਾਹੜੈ॥੨॥	ਲੱਧੜੀਆਂ	Naanak Ladhharreeaa Thinnaah Jinaa Bhaag Mathhaaharrai ||2||	O Nanak, they alone obtain them, upon whose foreheads such destiny is written. ||2||	(ਪਰ) ਹੇ ਨਾਨਕ! ਇਹ ਬਚਨ ਉਹਨਾਂ ਨੂੰ ਹੀ ਮਿਲਦੇ ਹਨ ਜਿਨ੍ਹਾਂ ਦੇ ਮੱਥੇ ਉਤੇ (ਪੂਰਬਲੇ ਭਲੇ ਕਰਮਾਂ ਦਾ) ਭਾਗ (ਉੱਘੜਦਾ ਹੈ) ॥੨॥
47335	1101	ਮਃ ੫॥		Ma 5 ||	Fifth Mehl:	
47336	1101	ਡੂੰਗਰਿ ਜਲਾ ਥਲਾ ਭੂਮਿ ਬਨਾ ਫਲ ਕੰਦਰਾ॥	ਜਲਾਂ। ਥਲਾਂ। ਬਨਾਂ। ਕੰਦਰਾਂ	Ddoongar Jalaa Thhalaa Bhoom Banaa Fal Kandharaa ||	He is totally permeating the mountains, oceans, deserts, lands, forests, orchards, caves,	ਪਹਾੜਾਂ ਵਿਚ, ਸਮੁੰਦਰਾਂ ਵਿਚ, ਰੇਤਲੇ ਥਾਵਾਂ ਵਿਚ, ਧਰਤੀ ਵਿਚ, ਜੰਗਲਾਂ ਵਿਚ, ਫਲਾਂ ਵਿਚ, ਗੁਫ਼ਾਂ ਵਿਚ,
47337	1101	ਪਾਤਾਲਾ ਆਕਾਸ ਪੂਰਨੁ ਹਭ ਘਟਾ॥	ਘਟਾਂ	Paathaalaa Aakaas Pooran Habh Ghattaa ||	The nether regions of the underworld, the Akaashic ethers of the skies, and all hearts.	ਪਾਤਾਲ ਆਕਾਸ ਵਿਚ-ਸਾਰੇ ਹੀ ਸਰੀਰਾਂ ਵਿਚ (ਪਰਮਾਤਮਾ) ਵਿਆਪਕ ਹੈ।

47338	1101	ਨਾਨਕ ਪੇਖਿ ਜੀਓ ਇਕਤੁ ਸੂਤਿ ਪਰੋਤੀਆ॥੩॥		Naanak Paekh Jeeou Eikath Sooth Parotheeaa ||3||	Nanak sees that they are all strung on the same thread. ||3||	ਹੇ ਨਾਨਕ! ਜਿਸ ਪ੍ਰਭੂ ਨੇ (ਸਾਰੀ ਹੀ ਰਚਨਾ ਨੂੰ) ਇਕੋ ਧਾਗੇ ਵਿਚ (ਭਾਵ, ਹੁਕਮ ਵਿਚ, ਮਰਯਾਦਾ ਵਿਚ) ਪ੍ਰੋ ਰੱਖਿਆ ਹੈ ਉਸ ਨੂੰ ਵੇਖ ਵੇਖ ਕੇ ਮੈਨੂੰ ਆਤਮਕ ਜੀਵਨ ਮਿਲਦਾ ਹੈ ॥੩॥
47339	1101	ਪਉੜੀ॥		Pourree ||	Pauree:	
47340	1101	ਹਰਿ ਜੀ ਮਾਤਾ ਹਰਿ ਜੀ ਪਿਤਾ ਹਰਿ ਜੀਉ ਪ੍ਰਤਿਪਾਲਕ॥		Har Jee Maathaa Har Jee Pithaa Har Jeeo Prathipaalak ||	The Dear Lord is my mother, the Dear Lord is my father; the Dear Lord cherishes and nurtures me.	ਪਰਮਾਤਮਾ ਮੇਰਾ ਮਾਤਾ ਪਿਤਾ ਹੈ (ਮਾਪਿਆਂ ਵਾਂਗ ਮੈਨੂੰ) ਪਾਲਣ ਵਾਲਾ ਹੈ।
47341	1101	ਹਰਿ ਜੀ ਮੇਰੀ ਸਾਰ ਕਰੇ ਹਮ ਹਰਿ ਕੇ ਬਾਲਕ॥		Har Jee Maeree Saar Karae Ham Har Kae Baalak ||	The Dear Lord takes care of me; I am the child of the Lord.	ਪ੍ਰਭੂ ਮੇਰੀ ਸੰਭਾਲ ਕਰਦਾ ਹੈ, ਅਸੀਂ ਪ੍ਰਭੂ ਦੇ ਬੱਚੇ ਹਾਂ।
47342	1101	ਸਹਜੇ ਸਹਜਿ ਖਿਲਾਇਦਾ ਨਹੀ ਕਰਦਾ ਆਲਕ॥		Sehajae Sehaj Khilaaeidhaa Nehee Karadhaa Aalak ||	Slowly and steadily, He feeds me; He never fails.	ਮੈਨੂੰ ਮੇਰਾ ਹਰੀ ਅਡੋਲ ਅਵਸਥਾ ਵਿਚ ਟਿਕਾ ਕੇ ਜੀਵਨ-ਖੇਡ ਖਿਡਾ ਰਿਹਾ ਹੈ, (ਇਸ ਗੱਲੋਂ ਰਤਾ ਭੀ) ਆਲਸ ਨਹੀਂ ਕਰਦਾ।
47343	1101	ਅਉਗਣੁ ਕੋ ਨ ਚਿਤਾਰਦਾ ਗਲ ਸੇਤੀ ਲਾਇਕ॥	ਗਲ:ਪੋਲਾ ਬੋਲੋ। (ਗਲ) ਸੇਤੀ ਨਾਲ (ਲਾਇਕ) ਲਾਉਂਦੇ ਹਨ	Aougan Ko N Chithaaradhaa Gal Saethee Laaeik ||	He does not remind me of my faults; He hugs me close in His embrace.	ਮੇਰੇ ਕਿਸੇ ਔਗੁਣ ਨੂੰ ਚੇਤੇ ਨਹੀਂ ਰੱਖਦਾ, (ਸਦਾ) ਆਪਣੇ ਗਲ ਨਾਲ (ਮੈਨੂੰ) ਲਾਈ ਰੱਖਦਾ ਹੈ।

47344	1101	ਮੁਹਿ ਮੰਗਾਂ ਸੋਈ ਦੇਵਦਾ ਹਰਿ ਪਿਤਾ ਸੁਖਦਾਇਕ॥		Muhi Mangaan Soee Dhaevadhaa Har Pithaa Sukhadhaaeik ||	Whatever I ask for, He give me; the Lord is my peace-giving father.	ਜੋ ਕੁਝ ਮੈਂ ਮੂੰਹੋਂ ਮੰਗਦਾ ਹਾਂ, ਮੇਰਾ ਸੁਖ-ਦਾਈ ਪਿਤਾ-ਪ੍ਰਭੂ ਉਹੀ ਉਹੀ ਦੇ ਦੇਂਦਾ ਹੈ।
47345	1102	ਗਿਆਨੁ ਰਾਸਿ ਨਾਮੁ ਧਨੁ ਸਉਪਿਓਨੁ ਇਸੁ ਸਉਦੇ ਲਾਇਕ॥		Giaan Raas Naam Dhhan Soupioun Eis Soudhae Laaeik ||	He has blessed me with the capital, the wealth of spiritual wisdom; He has made me worthy of this merchandise.	ਉਸ ਪ੍ਰਭੂ ਨੇ ਮੈਨੂੰ ਆਪਣੇ ਨਾਲ ਜਾਣ-ਪਛਾਣ ਦੀ ਪੂੰਜੀ ਆਪਣਾ ਨਾਮ-ਧਨ ਸੌਂਪ ਦਿੱਤਾ ਹੈ, ਤੇ ਮੈਨੂੰ ਇਹ ਸੌਦਾ ਵਿਹਾਝਣ ਦੇ ਲਾਇਕ ਬਣਾ ਦਿੱਤਾ ਹੈ।
47346	1102	ਸਾਝੀ ਗੁਰ ਨਾਲਿ ਬਹਾਲਿਆ ਸਰਬ ਸੁਖ ਪਾਇਕ॥	ਸਾਂਝੀ	Saajhee Gur Naal Behaaliaa Sarab Sukh Paaeik ||	He has made me a partner with the Guru; I have obtained all peace and comforts.	ਪ੍ਰਭੂ ਨੇ ਮੈਨੂੰ ਸਤਿਗੁਰੂ ਦੇ ਨਾਲ ਭਾਈਵਾਲ ਬਣਾ ਦਿੱਤਾ ਹੈ, (ਹੁਣ) ਸਾਰੇ ਸੁਖ ਮੇਰੇ ਦਾਸ ਬਣ ਗਏ ਹਨ।
47347	1102	ਮੈ ਨਾਲਹੁ ਕਦੇ ਨ ਵਿਛੁੜੈ ਹਰਿ ਪਿਤਾ ਸਭਨਾ ਗਲਾ ਲਾਇਕ॥੨੧॥	ਗੱਲਾਂ	Mai Naalahu Kadhae N Vishhurrai Har Pithaa Sabhanaa Galaa Laaeik ||21||	He is with me, and shall never separate from me; the Lord, my father, is potent to do everything. ||21||	ਮੇਰਾ ਪਿਤਾ-ਪ੍ਰਭੂ ਕਦੇ ਭੀ ਮੇਰੇ ਨਾਲੋਂ ਵਿਛੁੜਦਾ ਨਹੀਂ, ਸਾਰੀਆਂ ਗੱਲਾਂ ਕਰਨ ਦੇ ਸਮਰੱਥ ਹੈ ॥੨੧॥
47348	1102	ਸਲੋਕ ਡਖਣੇ ਮਃ ੫॥		Salok Ddakhanae Ma 5 ||	Shalok, Dakhanay, Fifth Mehl:	

47349	1102	ਨਾਨਕ ਕਚੜਿਆ ਸਿਉ ਤੋੜਿ ਢੂਢਿ ਸਜਣ ਸੰਤ ਪਕਿਆ॥		Naanak Kacharriaa Sio Thorr Dtoodt Sajan Santh Pakiaa ||	O Nanak, break away from the false, and seek out the Saints, your true friends.	ਹੇ ਨਾਨਕ! (ਮਾਇਆ ਦੇ ਆਸਰੇ ਪ੍ਰੀਤ ਪਾਣ ਵਾਲਿਆਂ ਦੀ ਪ੍ਰੀਤ ਦੀ ਗੰਢ ਪੱਕੀ ਨਹੀਂ ਹੁੰਦੀ, ਸੋ) ਉਹਨਾਂ ਨਾਲੋਂ ਪ੍ਰੀਤ ਤੋੜ ਲੈ ਜਿਨ੍ਹਾਂ ਦੀ ਪ੍ਰੀਤ ਕੱਚੀ ਹੈ (ਉਹਨਾਂ ਨੂੰ ਸਦਾ ਨਿਭਣ ਵਾਲਾ ਸਾਥੀ ਨਾਹ ਸਮਝ)। ਗੁਰਮੁਖਾਂ ਦੀ, ਸੰਤ ਜਨਾਂ ਦੀ ਭਾਲ ਕਰ, ਉਹਨਾਂ ਦੀ ਪ੍ਰੀਤ ਪੱਕੀ ਹੁੰਦੀ ਹੈ (ਕਿਉਂਕਿ ਉਹਨਾਂ) ਨੂੰ ਕੋਈ ਸੁਆਰਥ ਨਹੀਂ ਹੁੰਦਾ।
47350	1102	ਓਇ ਜੀਵੰਦੇ ਵਿਛੁੜਹਿ ਓਇ ਮੁਇਆ ਨ ਜਾਹੀ ਛੋੜਿ॥੧॥		Oue Jeevandhae Vishhurrehi Oue Mueiaa N Jaahee Shhorr ||1||	The false shall leave you, even while you are still alive; but the Saints shall not forsake you, even when you are dead. ||1||	ਸੁਆਰਥੀ ਤਾਂ ਜੀਉਂਦਿਆਂ ਹੀ (ਦਿਲੋਂ) ਵਿੱਛੁੜੇ ਰਹਿੰਦੇ ਹਨ, ਪਰ ਗੁਰਮੁਖ ਸਤਸੰਗੀ ਮਰਨ ਤੇ ਭੀ ਸਾਥ ਨਹੀਂ ਛੱਡਦੇ (ਪ੍ਰਭੂ-ਪਿਆਰ ਦੀ ਦਾਤ ਲਈ ਅਰਦਾਸ ਕਰਦੇ ਹਨ) ॥੧॥
47351	1102	ਮਃ ੫॥		Ma 5 ||	Fifth Mehl:	
47352	1102	ਨਾਨਕ ਬਿਜੁਲੀਆ ਚਮਕੰਨਿ ਘੁਰਨਿ ਘਟਾ ਅਤਿ ਕਾਲੀਆ॥	ਬਿਜੁਲੀਆਂ, ਘਟਾਂ, ਕਾਲੀਆਂ: ਪੋਲੇ ਬੋਲੋ	Naanak Bijuleeaa Chamakann Ghuranih Ghattaa Ath Kaaleeaa ||	O Nanak, the lightning flashes, and thunder echoes in the dark black clouds.	ਹੇ ਨਾਨਕ! (ਸਾਵਣ ਦੀ ਰੁੱਤੇ ਜਦੋਂ) ਬੱਦਲਾਂ ਦੀਆਂ ਗੂੜ੍ਹੀਆਂ ਕਾਲੀਆਂ ਘਟਾਵਾਂ ਗੱਜਦੀਆਂ ਹਨ, (ਉਹਨਾਂ ਵਿਚ) ਬਿਜਲੀਆਂ ਚਮਕਦੀਆਂ ਹਨ,

47353	1102	ਬਰਸਨਿ ਮੇਘ ਅਪਾਰ ਨਾਨਕ ਸੰਗਮਿ ਪਿਰੀ ਸੁਹੰਦੀਆ॥੨॥		Barasan Maegh Apaar Naanak Sangam Piree Suhandheeaa ||2||	The downpour from the clouds is heavy; O Nanak, the soul-brides are exalted and embellished with their Beloved. ||2||	ਤੇ ਬੱਦਲ ਮੁਹਲੇ-ਧਾਰ ਵਰ੍ਹਦੇ ਹਨ (ਤਦੋਂ ਕੈਸਾ ਸੁਹਾਵਣਾ ਸਮਾ ਹੁੰਦਾ ਹੈ); ਪਰ ਇਹ ਕਾਲੀਆਂ ਘਟਾਵਾਂ (ਇਸਤ੍ਰੀ ਨੂੰ) ਪਤੀ ਦੇ ਮਿਲਾਪ ਵਿਚ ਹੀ ਸੋਹਣੀਆਂ ਲੱਗਦੀਆਂ ਹਨ ॥੨॥
47354	1102	ਮਃ ੫॥		Ma 5 ||	Fifth Mehl:	
47355	1102	ਜਲ ਥਲ ਨੀਰਿ ਭਰੇ ਸੀਤਲ ਪਵਣ ਝੁਲਾਰ ਦੇ॥		Jal Thhal Neer Bharae Seethal Pavan Jhulaaradhae ||	The ponds and the lands are overflowing with water, and the cold wind is blowing.	ਹੇ ਨਾਨਕ! (ਜੇਠ ਹਾੜ ਦੀਆਂ ਲੋਆਂ ਪਿਛੋਂ ਵਰਖਾ ਰੁੱਤੇ) ਟੋਏ-ਟਿੱਬੇ (ਮੀਂਹ ਦੇ) ਪਾਣੀ ਨਾਲ ਭਰੇ ਹੋਏ ਹੋਣ, ਠੰਢੀਆਂ ਹਵਾਵਾਂ ਵਗਦੀਆਂ ਹੋਣ,
47356	1102	ਸੇਜੜੀਆ ਸੋਇੰਨ ਹੀਰੇ ਲਾਲ ਜੜੰਦੀਆ॥		Saejarreeaa Soeinn Heerae Laal Jarrandheeaa ||	Her bed is adorned with gold, diamonds and rubies;	ਸੋਨੇ ਦਾ ਪਲੰਘ ਹੋਵੇ ਜਿਸ ਵਿਚ ਹੀਰੇ ਲਾਲ ਜੜੇ ਹੋਏ ਹੋਣ,
47357	1102	ਸੁਭਰ ਕਪੜ ਭੋਗ ਨਾਨਕ ਪਿਰੀ ਵਿਹੂਣੀ ਤਤੀਆ॥੩॥	ਸੁੱਭਰ। ਤੱਤੀਆਂ	Subhar Kaparr Bhog Naanak Piree Vihoonee Thatheeaa ||3||	She is blessed with beautiful gowns and delicacies, O Nanak, but without her Beloved, she burns in agony. ||3||	ਸਗਨਾਂ ਦੇ ਸਾਲੂ ਪਹਿਨਣ ਨੂੰ ਹੋਣ, (ਪਰ ਜੇ ਇਸਤ੍ਰੀ ਨੂੰ ਆਪਣੇ) ਪਤੀ ਤੋਂ ਵਿਛੋੜਾ ਹੈ ਤਾਂ (ਇਹ ਸਾਰੇ ਸੁਹਾਵਣੇ ਪਦਾਰਥ ਹਿਰਦੇ ਨੂੰ ਪੁਚਾਣ ਦੇ ਥਾਂ) ਸੜਨ ਪੈਦਾ ਕਰਦੇ ਹਨ ॥੩॥
47358	1102	ਪਉੜੀ॥		Pourree ||	Pauree:	

47359	1102	ਕਾਰਣੁ ਕਰਤੈ ਜੋ ਕੀਆ ਸੋਈ ਹੈ ਕਰਣਾ॥		Kaaran Karathai Jo Keeaa Soee Hai Karanaa ||	He does the dees which the Creator causes him to do.	ਹੇ ਪ੍ਰਾਣੀ! ਜੋ ਸਬੱਬ ਕਰਤਾਰ ਨੇ ਬਣਾਇਆ ਹੈ ਉਹੀ ਬਣਨਾ ਹੈ।
47360	1102	ਜੇ ਸਉ ਧਾਵਹਿ ਪ੍ਰਾਣੀਆ ਪਾਵਹਿ ਧੁਰਿ ਲਹਣਾ॥		Jae So Dhhaavehi Praaneeaa Paavehi Dhhur Lehanaa ||	Even if you run in hundreds of directions, O mortal, you shall still receive what you are pre-destined to receive.	ਜੇ ਤੂੰ ਸੈਂਕੜੇ ਵਾਰੀ ਦੌੜਦਾ ਫਿਰੇਂ, ਜੋ ਧੁਰੋਂ (ਤੇਰੇ ਕੀਤੇ ਕਰਮਾਂ ਅਨੁਸਾਰ) ਲਹਣਾ (ਲਿਖਿਆ) ਹੈ ਉਹੀ ਪ੍ਰਾਪਤ ਕਰੇਂਗਾ।
47361	1102	ਬਿਨੁ ਕਰਮਾ ਕਿਛੂ ਨ ਲਭਈ ਜੇ ਫਿਰਹਿ ਸਭ ਧਰਣਾ॥	ਲੱ-ਭਈ	Bin Karamaa Kishhoo N Labhee Jae Firehi Sabh Dhharanaa ||	Without good karma, you shall obtain nothing, even if you wander across the whole world.	ਸਾਰੀ ਧਰਤੀ ਉਤੇ ਭੀ ਜੇ ਭਟਕਦਾ ਫਿਰੇਂ, ਤਾਂ ਭੀ ਪ੍ਰਭੂ ਦੀ ਮੇਹਰ ਤੋਂ ਬਿਨਾ ਕੁਝ ਨਹੀਂ ਮਿਲੇਗਾ (ਇਸ ਵਾਸਤੇ ਉਸ ਦੀ ਮੇਹਰ ਦਾ ਪਾਤਰ ਬਣ)।
47362	1102	ਗੁਰ ਮਿਲਿ ਭਉ ਗੋਵਿੰਦ ਕਾ ਭੈ ਡਰੁ ਦੂਰਿ ਕਰਣਾ॥		Gur Mil Bho Govindh Kaa Bhai Ddar Dhoor Karanaa ||	Meeting with the Guru, you shall know the Fear of God, and other fears shall be taken away.	ਜਿਸ ਮਨੁੱਖ ਨੇ ਗੁਰੂ ਨੂੰ ਮਿਲ ਕੇ ਪਰਮਾਤਮਾ ਦਾ ਡਰ (ਹਿਰਦੇ ਵਿਚ ਵਸਾਇਆ ਹੈ), ਪ੍ਰਭੂ ਨੇ ਉਸ ਦਾ ਦੁਨੀਆਵੀ ਡਰਾਂ ਦਾ ਸਹਿਮ ਦੂਰ ਕਰ ਦਿੱਤਾ ਹੈ।
47363	1102	ਭੈ ਤੇ ਬੈਰਾਗੁ ਊਪਜੈ ਹਰਿ ਖੋਜਤ ਫਿਰਣਾ॥		Bhai Thae Bairaag Oopajai Har Khojath Firanaa ||	Through the Fear of God, the attitude of detachment wells up, and one sets out in search of the Lord.	ਪਰਮਾਤਮਾ ਦੇ ਡਰ ਤੋਂ ਹੀ ਦੁਨੀਆ ਵਲੋਂ ਵੈਰਾਗ ਪੈਦਾ ਹੁੰਦਾ ਹੈ, ਮਨੁੱਖ ਪ੍ਰਭੂ ਦੀ ਖੋਜ ਵਿਚ ਲੱਗ ਜਾਂਦਾ ਹੈ।

47364	1102	ਖੋਜਤ ਖੋਜਤ ਸਹਜੁ ਉਪਜਿਆ ਫਿਰਿ ਜਨਮਿ ਨ ਮਰਣਾ॥		Khojath Khojath Sehaj Oupajiaa Fir Janam N Maranaa ||	Searching and searching, intuitive wisdom wells up, and then, one is not born to die again.	ਪਰਮਾਤਮਾ ਦੀ ਖੋਜ ਕਰਦਿਆਂ ਕਰਦਿਆਂ (ਮਨੁੱਖ ਦੇ ਅੰਦਰ) ਆਤਮਕ ਅਡੋਲਤਾ ਪੈਦਾ ਹੋ ਜਾਂਦੀ ਹੈ, ਅਤੇ ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।
47365	1102	ਹਿਆਇ ਕਮਾਇ ਧਿਆਇਆ ਪਾਇਆ ਸਾਧ ਸਰਣਾ॥	(ਹਿਆਇ) ਰਿਦੇ (ਕਮਾਇ) ਕਮਾ ਕੇ	Hiaae Kamaae Dhhiaaeiaa Paaeiaa Saadhh Saranaa ||	Practicing meditation within my heart, I have found the Sanctuary of the Holy.	ਜਿਸ ਨੂੰ ਗੁਰੂ ਦੀ ਸਰਨ ਪ੍ਰਾਪਤ ਹੋ ਗਈ, ਉਸ ਨੇ ਹਿਰਦੇ ਵਿਚ ਨਾਮ ਸਿਮਰਿਆ ਨਾਮ ਦੀ ਕਮਾਈ ਕੀਤੀ।
47366	1102	ਬੋਹਿਥੁ ਨਾਨਕ ਦੇਉ ਗੁਰੁ ਜਿਸੁ ਹਰਿ ਚੜਾਏ ਤਿਸੁ ਭਉਜਲੁ ਤਰਣਾ॥੨੨॥	ਚੜ੍ਹਾਏ	Bohithh Naanak Dhaeo Gur Jis Har Charraaeae This Bhoujal Tharanaa ||22||	Whoever the Lord places on the boat of Guru Nanak, is carried across the terrifying world-ocean. ||22||	(ਹੇ ਪ੍ਰਾਣੀ!) ਗੁਰੂ ਨਾਨਕ ਦੇਵ (ਆਤਮਕ) ਜਹਾਜ਼ ਹੈ, ਹਰੀ ਨੇ ਜਿਸ ਨੂੰ ਇਸ ਜਹਾਜ਼ ਵਿਚ ਬਿਠਾ ਦਿੱਤਾ, ਉਸ ਨੇ ਸੰਸਾਰ-ਸਮੁੰਦਰ ਨੂੰ ਤਰ ਲਿਆ ॥੨੨॥
47367	1102	ਸਲੋਕ ਮਃ ੫॥		Salok Ma 5 ||	Shalok, Dakhanay Fifth Mehl:	
47368	1102	ਪਹਿਲਾ ਮਰਣੁ ਕਬੂਲਿ ਜੀਵਣ ਕੀ ਛਡਿ ਆਸ॥	ਪਹਿਲਾ: ਬਿੰਦੀ ਨਹੀਂ ਲਾਉਣੀ	Pehilaa Maran Kabool Jeevan Kee Shhadd Aas ||	First, accept death, and give up any hope of life.	(ਪਰਮਾਤਮਾ ਵਲੋਂ ਸੁਨੇਹਾ ਹੈ-ਹੇ ਬੰਦੇ!) ਜੇ ਪਹਿਲਾਂ (ਹਉਮੈ ਮਮਤਾ ਦਾ) ਤਿਆਗ ਪਰਵਾਨ ਕਰੇਂ, ਤੇ (ਸੁਆਰਥ-ਭਰੀ) ਜ਼ਿੰਦਗੀ ਦੀ ਤਾਂਘ ਛੱਡ ਦੇਵੇਂ,

47369	1102	ਹੋਹੁ ਸਭਨਾ ਕੀ ਰੇਣੁਕਾ ਤਉ ਆਉ ਹਮਾਰੈ ਪਾਸਿ॥੧॥		Hohu Sabhanaa Kee Raenukaa Tho Aao Hamaarai Paas ||1||	Become the dust of the feet of all, and then, you may come to me. ||1||	ਜੇ ਸਭਨਾਂ ਦੇ ਚਰਨਾਂ ਦੀ ਧੂੜ ਹੋ ਜਾਏਂ, ਤਦੋਂ ਹੀ ਤੂੰ ਮੇਰੇ ਨੇੜੇ ਆ ਸਕਦਾ ਹੈਂ ॥੧॥
47370	1102	ਮਃ ੫॥		Ma 5 ||	Fifth Mehl:	
47371	1102	ਮੁਆ ਜੀਵੰਦਾ ਪੇਖੁ ਜੀਵੰਦੇ ਮਰਿ ਜਾਨਿ॥		Muaa Jeevandhaa Paekh Jeevandhae Mar Jaan ||	See, that only one who has died, truly lives; one who is alive, consider him dead.	ਅਸਲ ਵਿਚ ਉਸੇ ਬੰਦੇ ਨੂੰ ਜਿਊਂਦਾ ਸਮਝੋ ਜਿਸ ਨੇ ਸੰਸਾਰਕ ਵਾਸਨਾ ਮਿਟਾ ਲਈਆਂ ਹਨ। ਜੇਹੜੇ ਨਿਰੇ ਦੁਨੀਆ ਦੇ ਰੰਗ ਮਾਣਦੇ ਹਨ ਉਹ ਆਤਮਕ ਮੌਤੇ ਮਰ ਜਾਂਦੇ ਹਨ।
47372	1102	ਜਿਨ੍ਹਾ ਮੁਹਬਤਿ ਇਕ ਸਿਉ ਤੇ ਮਾਣਸ ਪਰਧਾਨ॥੨॥	ਮੁ-ਹੱਬਤਿ	Jinhaa Muhabath Eik Sio Thae Maanas Paradhhaan ||2||	Those who are in love with the One Lord, are the supreme people. ||2||	ਉਹੀ ਮਨੁੱਖ ਸ਼ਿਰੋਮਣੀ (ਕਹੇ ਜਾਂਦੇ ਹਨ), ਜਿਨ੍ਹਾਂ ਦਾ ਪਿਆਰ ਇੱਕ ਪਰਮਾਤਮਾ ਨਾਲ ਹੈ ॥੨॥
47373	1102	ਮਃ ੫॥		Ma 5 ||	Fifth Mehl:	
47374	1102	ਜਿਸੁ ਮਨਿ ਵਸੈ ਪਾਰਬ੍ਰਹਮੁ ਨਿਕਟਿ ਨ ਆਵੈ ਪੀਰ॥		Jis Man Vasai Paarabreham Nikatt N Aavai Peer ||	Pain does not even approach that person, within whose mind God abides.	ਜਿਸ ਮਨੁੱਖ ਦੇ ਮਨ ਵਿਚ (ਸਦਾ) ਪਰਮਾਤਮਾ (ਦਾ ਨਾਮ) ਵੱਸਦਾ ਹੈ, ਕੋਈ ਦੁੱਖ-ਕਲੇਸ਼ ਉਸ ਦੇ ਨੇੜੇ ਢੁਕਦਾ,

47375	1102	ਭੁਖ ਤਿਖ ਤਿਸੁ ਨ ਵਿਆਪਈ ਜਮੁ ਨਹੀ ਆਵੈ ਨੀਰ॥੩॥		Bhukh Thikh This N Viaapee Jam Nehee Aavai Neer ||3||	Hunger and thirst do not affect him, and the Messenger of Death does not approach him. ||3||	ਮਾਇਆ ਦੀ ਭੁੱਖ-ਤ੍ਰੇਹ ਉਸ ਉਤੇ ਆਪਣਾ ਦਬਾਉ ਨਹੀਂ ਪਾ ਸਕਦੀ, ਮੌਤ ਦਾ ਡਰ (ਭੀ) ਉਸ ਦੇ ਨੇੜੇ ਨਹੀਂ ਆਉਂਦਾ ॥੩॥
47376	1102	ਪਉੜੀ॥		Pourree ||	Pauree:	
47377	1102	ਕੀਮਤਿ ਕਹਣੁ ਨ ਜਾਈਐ ਸਚੁ ਸਾਹ ਅਡੋਲੈ॥		Keemath Kehan N Jaaeeai Sach Saah Addolai ||	Your worth cannot be estimated, O True, Unmoving Lord God.	ਹੇ ਸਦਾ-ਥਿਰ ਤੇ ਕਦੇ ਨ ਡੋਲਣ ਵਾਲੇ ਸ਼ਾਹ! ਤੇਰਾ ਮੁੱਲ ਨਹੀਂ ਦੱਸਿਆ ਜਾ ਸਕਦਾ।
47378	1102	ਸਿਧ ਸਾਧਿਕ ਗਿਆਨੀ ਧਿਆਨੀਆ ਕਉਣੁ ਤੁਧੁਨੋ ਤੋਲੈ॥		Sidhh Saadhhik Giaanee Dhhiaaneeaa Koun Thudhhuno Tholai ||	The Siddhas, seekers, spiritual teachers and meditators - who among them can measure You?	ਜੋਗ-ਸਾਧਨਾਂ ਵਿਚ ਪੁਗੇ ਹੋਏ ਜੋਗੀ, ਸਾਧਨਾਂ ਕਰਨ ਵਾਲੇ, ਗਿਆਨ-ਚਰਚਾ ਕਰਨ ਵਾਲੇ ਤੇ ਸਮਾਧੀਆਂ ਲਾਣ ਵਾਲੇ- ਇਹਨਾਂ ਵਿਚੋਂ ਕੇਹੜਾ ਹੈ ਜੋ ਤੇਰਾ ਮੁੱਲ ਪਾ ਸਕੇ?
47379	1102	ਭੰਨਣ ਘੜਣ ਸਮਰਥੁ ਹੈ ਓਪਤਿ ਸਭ ਪਰਲੈ॥		Bhannan Gharran Samarathh Hai Oupath Sabh Paralai ||	You are all-powerful, to form and break; You create and destroy all.	ਪ੍ਰਭੂ (ਸ੍ਰਿਸ਼ਟੀ ਨੂੰ) ਪੈਦਾ ਕਰਨ ਤੇ ਨਾਸ ਕਰਨ ਦੇ ਸਮਰੱਥ ਹੈ, (ਸ੍ਰਿਸ਼ਟੀ ਦੀ) ਉਤਪੱਤੀ ਭੀ ਉਹੀ ਕਰਦਾ ਹੈ ਤੇ ਨਾਸ ਭੀ ਉਹੀ।

47380	1102	ਕਰਣ ਕਾਰਣ ਸਮਰਥੁ ਹੈ ਘਟਿ ਘਟਿ ਸਭ ਬੋਲੈ॥		Karan Kaaran Samarathh Hai Ghatt Ghatt Sabh Bolai ||	You are all-powerful to act, and inspire all to act; You speak through each and every heart.	ਜਗਤ ਪੈਦਾ ਕਰਨ ਦੀ ਤਾਕਤ ਰੱਖਦਾ ਹੈ ਹਰੇਕ ਜੀਵ ਦੇ ਅੰਦਰ ਉਹੀ ਬੋਲਦਾ ਹੈ।
47381	1102	ਰਿਜਕੁ ਸਮਾਹੇ ਸਭਸੈ ਕਿਆ ਮਾਣਸੁ ਡੋਲੈ॥		Rijak Samaahae Sabhasai Kiaa Maanas Ddolai ||	You give sustanance to all; why should mankind waver?	ਹਰੇਕ ਜੀਵ ਨੂੰ ਰਿਜ਼ਕ ਅਪੜਾਂਦਾ ਹੈ, ਮਨੁੱਖ ਵਿਅਰਥ ਹੀ ਘਾਬਰਦਾ ਹੈ।
47382	1102	ਗਹਿਰ ਗਭੀਰੁ ਅਥਾਹੁ ਤੂ ਗੁਣ ਗਿਆਨ ਅਮੋਲੈ॥		Gehir Gabheer Athhaahu Thoo Gun Giaan Amolai ||	You are deep, profound and unfathomable; Your virtuous spiritual wisdom is priceless.	ਹੇ ਪ੍ਰਭੂ! ਤੂੰ ਡੂੰਘਾ ਹੈਂ ਸਿਆਣਾ ਹੈਂ, ਤੇਰੀ ਹਾਥ ਨਹੀਂ ਪੈ ਸਕਦੀ। ਤੇਰੇ ਗੁਣਾਂ ਦਾ ਮੁੱਲ ਨਹੀਂ ਪੈ ਸਕਦਾ, ਤੇਰੇ ਗਿਆਨ ਦਾ ਮੁੱਲ ਨਹੀਂ ਪੈ ਸਕਦਾ।
47383	1102	ਸੋਈ ਕੰਮੁ ਕਮਾਵਣਾ ਕੀਆ ਧੁਰਿ ਮਉਲੈ॥	(ਮਉਲੈ) ਪ੍ਰਮੇਸ਼ਰ।ਮਉਲੈ: ਪੋਲਾ ਬੋਲੋ	Soee Kanm Kamaavanaa Keeaa Dhhur Moulai ||	They do the deeds which they are pre-ordained to do.	ਜੀਵ ਉਹੀ ਕੰਮ ਕਰਦਾ ਹੈ ਜੋ ਧੁਰੋਂ ਕਰਤਾਰ ਨੇ ਉਸ ਵਾਸਤੇ ਮਿਥ ਦਿੱਤਾ ਹੈ (ਭਾਵ, ਉਸ ਦੇ ਕੀਤੇ ਕਰਮਾਂ ਅਨੁਸਾਰ ਜਿਹੋ ਜਿਹੇ ਸੰਸਕਾਰ ਜੀਵ ਦੇ ਅੰਦਰ ਪਾ ਦਿੱਤੇ ਹਨ)।
47384	1102	ਤੁਧਹੁ ਬਾਹਰਿ ਕਿਛੁ ਨਹੀ ਨਾਨਕੁ ਗੁਣ ਬੋਲੈ॥੨੩॥੧॥੨॥	ਬਾ-ਹਰਿ	Thudhhahu Baahar Kishh Nehee Naanak Gun Bolai ||23||1||2||	Without You, there is nothing at all; Nanak chants Your Glorious Praises. ||23||1||2||	ਹੇ ਪ੍ਰਭੂ! ਤੈਥੋਂ ਆਕੀ ਹੋ ਕੇ (ਜਗਤ ਵਿਚ) ਕੁਝ ਨਹੀਂ ਵਰਤ ਰਿਹਾ। ਨਾਨਕ ਤੇਰੀ ਹੀ ਸਿਫ਼ਤ-ਸਾਲਾਹ ਕਰਦਾ ਹੈ ॥੨੩॥੧॥੨॥
47385	1102	ਰਾਗੁ ਮਾਰੂ ਬਾਣੀ ਕਬੀਰ ਜੀਉ ਕੀ		Raag Maaroo Baanee Kabeer Jeeo Kee	Raag Maaroo, The Word Of Kabeer Jee:	ਰਾਗ ਮਾਰੂ ਵਿੱਚ ਭਗਤ ਕਬੀਰ ਜੀ ਦੀ ਬਾਣੀ।

47386	1102	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
47387	1102	ਪਡੀਆ ਕਵਨ ਕੁਮਤਿ ਤੁਮ ਲਾਗੇ॥		Paddeeaa Kavan Kumath Thum Laagae ||	O Pandit, O religious scholar, in what foul thoughts are you engaged?	ਹੇ ਪੰਡਿਤ! ਤੁਸੀਂ ਲੋਕ ਕਿਹੜੀ ਕੁਮੱਤੇ ਲੱਗੇ ਪਏ ਹੋ?
47388	1102	ਬੂਡਹੁਗੇ ਪਰਵਾਰ ਸਕਲ ਸਿਉ ਰਾਮ ਨ ਜਪਹੁ ਅਭਾਗੇ॥੧॥ਰਹਾਉ॥		Booddahugae Paravaar Sakal Sio Raam N Japahu Abhaagae ||1|| Rehaao ||	You shall be drowned, along with your family, if you do not meditate on the Lord, you unfortunate person. ||1||Pause||	ਹੇ ਮੰਦ-ਭਾਗੀ ਪਾਂਡੇ! ਤੁਸੀਂ ਪ੍ਰਭੂ ਦਾ ਨਾਮ ਨਹੀਂ ਸਿਮਰਦੇ, ਸਾਰੇ ਪਰਵਾਰ ਸਮੇਤ ਹੀ (ਸੰਸਾਰ-ਸਮੁੰਦਰ ਵਿਚ) ਡੁੱਬ ਜਾਉਗੇ ॥੧॥ ਰਹਾਉ ॥
47389	1102	ਬੇਦ ਪੁਰਾਨ ਪੜੇ ਕਾ ਕਿਆ ਗੁਨੁ ਖਰ ਚੰਦਨ ਜਸ ਭਾਰਾ॥		Baedh Puraan Parrae Kaa Kiaa Gun Khar Chandhan Jas Bhaaraa ||	What is the use of reading the Vedas and the Puraanas? It is like loading a donkey with sandalwood.	(ਹੇ ਪਾਂਡੇ! ਤੂੰ ਮਾਣ ਕਰਦਾ ਹੈਂ ਕਿ ਤੂੰ ਵੇਦ ਆਦਿਕ ਧਰਮ-ਪੁਸਤਕਾਂ ਪੜ੍ਹਿਆ ਹੋਇਆ ਹੈਂ, ਪਰ) ਵੇਦ ਪੁਰਾਨ ਪੜ੍ਹਨ ਦਾ ਕੋਈ ਭੀ ਲਾਭ ਨਹੀਂ (ਜੇ ਨਾਮ ਤੋਂ ਸੁੰਞਾ ਰਿਹਾ; ਇਹ ਤਾਂ ਦਿਮਾਗ਼ ਉੱਤੇ ਭਾਰ ਹੀ ਲੱਦ ਲਿਆ), ਜਿਵੇਂ ਕਿਸੇ ਖੋਤੇ ਉੱਤੇ ਚੰਦਨ ਦਾ ਲੱਦਾ ਲੱਦ ਲਿਆ।

47390	1103	ਰਾਮ ਨਾਮ ਕੀ ਗਤਿ ਨਹੀ ਜਾਨੀ ਕੈਸੇ ਉਤਰਸਿ ਪਾਰਾ॥੧॥	ਉਤਰ-ਸਿ: ਪੋਲਾ ਬੋਲੋ	Raam Naam Kee Gath Nehee Jaanee Kaisae Outharas Paaraa ||1||	You do not know the exalted state of the Lord's Name; how will you ever cross over? ||1||	ਤੂੰ (ਸੰਸਾਰ-ਸਮੁੰਦਰ ਤੋਂ) ਕਿਵੇਂ ਪਾਰ ਲੰਘੇਂਗਾ? ਇਹ ਤਾਂ ਤੈਨੂੰ ਸਮਝ ਹੀ ਨਹੀਂ ਪਈ ਕਿ ਪਰਮਾਤਮਾ ਦਾ ਨਾਮ ਸਿਮਰਿਆਂ ਕਿਹੋ ਜਿਹੀ ਆਤਮਕ ਅਵਸਥਾ ਬਣਦੀ ਹੈ ॥੧॥
47391	1103	ਜੀਅ ਬਧਹੁ ਸੁ ਧਰਮੁ ਕਰਿ ਥਾਪਹੁ ਅਧਰਮੁ ਕਹਹੁ ਕਤ ਭਾਈ॥	(ਬੱਧਹੁ) ਨਾਸ ਕਰਦੇ ਹੋਂ। ਅ-ਧਰਮ। ਕਤ: ਪੋਲਾ ਬੋਲੋ	Jeea Badhhahu S Dhharam Kar Thhaapahu Adhharam Kehahu Kath Bhaaee ||	You kill living beings, and call it a righteous action. Tell me, brother, what would you call an unrighteous action?	(ਹੇ ਪਾਂਡੇ! ਇਕ ਪਾਸੇ ਤੁਸੀਂ ਮਾਸ ਖਾਣ ਨੂੰ ਨਿੰਦਦੇ ਹੋ; ਪਰ ਜੱਗ ਕਰਨ ਵੇਲੇ ਤੁਸੀਂ ਭੀ) ਜੀਵ ਮਾਰਦੇ ਹੋ (ਕੁਰਬਾਨੀ ਦੇਣ ਲਈ, ਤੇ) ਇਸ ਨੂੰ ਧਰਮ ਦਾ ਕੰਮ ਸਮਝਦੇ ਹੋ। ਫਿਰ, ਹੇ ਭਾਈ! ਦੱਸੋ, ਪਾਪ ਕਿਹੜਾ ਹੈ? (ਜੱਗ ਕਰਨ ਵੇਲੇ ਤੁਸੀਂ ਆਪ ਭੀ ਜੀਵ-ਹਿੰਸਾ ਕਰਦੇ ਹੋ, ਪਰ) ਆਪਣੇ ਆਪ ਨੂੰ ਤੁਸੀਂ ਸ੍ਰੇਸ਼ਟ ਰਿਸ਼ੀ ਮਿਥਦੇ ਹੋ।
47392	1103	ਆਪਸ ਕਉ ਮੁਨਿਵਰ ਕਰਿ ਥਾਪਹੁ ਕਾ ਕਉ ਕਹਹੁ ਕਸਾਈ॥੨॥	ਮੁਨਿ-ਵਰ	Aapas Ko Munivar Kar Thhaapahu Kaa Ko Kehahu Kasaaee ||2||	You call yourself the most excellent sage; then who would you call a butcher? ||2||	(ਜੇ ਜੀਵ ਮਾਰਨ ਵਾਲੇ ਲੋਕ ਰਿਸ਼ੀ ਹੋ ਸਕਦੇ ਹਨ,) ਤਾਂ ਤੁਸੀਂ ਕਸਾਈ ਕਿਸ ਨੂੰ ਆਖਦੇ ਹੋ? (ਤੁਸੀਂ ਉਹਨਾਂ ਲੋਕਾਂ ਨੂੰ ਕਸਾਈ ਕਿਉਂ ਆਖਦੇ ਹੋ ਜੋ ਮਾਸ ਵੇਚਦੇ ਹਨ? ॥੨॥

47393	1103	ਮਨ ਕੇ ਅੰਧੇ ਆਪਿ ਨ ਬੂਝਹੁ ਕਾਹਿ ਬੁਝਾਵਹੁ ਭਾਈ॥	ਬੁੱਝਾਵਹੁ	Man Kae Andhhae Aap N Boojhahu Kaahi Bujhaavahu Bhaaee ||	You are blind in your mind, and do not understand your own self; how can you make others understand, O brother?	ਹੇ ਅਗਿਆਨੀ ਪਾਂਡੇ! ਤੁਹਾਨੂੰ ਆਪ ਨੂੰ (ਜੀਵਨ ਦੇ ਸਹੀ ਰਸਤੇ ਦੀ) ਸਮਝ ਨਹੀਂ ਆਈ, ਹੋਰ ਕਿਸ ਨੂੰ ਮੱਤਾਂ ਦੇਹ ਰਹੇ ਹੋ?
47394	1103	ਮਾਇਆ ਕਾਰਨ ਬਿਦਿਆ ਬੇਚਹੁ ਜਨਮੁ ਅਬਿਰਥਾ ਜਾਈ॥੩॥	ਬਿੱਦਿਆ।ਅ-ਬਿਰਥਾ	Maaeiaa Kaaran Bidhiaa Baechahu Janam Abirathhaa Jaaee ||3||	For the sake of Maya and money, you sell knowledge; your life is totally worthless. ||3||	(ਇਸ ਪੜ੍ਹੀ ਹੋਈ ਵਿੱਦਿਆ ਤੋਂ ਤੁਸੀਂ ਆਪ ਕੋਈ ਲਾਭ ਨਹੀਂ ਉਠਾ ਰਹੇ, ਇਸ) ਵਿੱਦਿਆ ਨੂੰ ਸਿਰਫ਼ ਮਾਇਆ ਦੀ ਖ਼ਾਤਰ ਵੇਚ ਹੀ ਰਹੇ ਹੋ, ਇਸ ਤਰ੍ਹਾਂ ਤੁਹਾਡੀ ਜ਼ਿੰਦਗੀ ਵਿਅਰਥ ਗੁਜ਼ਰ ਰਹੀ ਹੈ ॥੩॥
47395	1103	ਨਾਰਦ ਬਚਨ ਬਿਆਸੁ ਕਹਤ ਹੈ ਸੁਕ ਕਉ ਪੂਛਹੁ ਜਾਈ॥		Naaradh Bachan Biaas Kehath Hai Suk Ko Pooshhahu Jaaee ||	Naarad and Vyaasa say these things; go and ask Suk Dayv as well.	(ਜੇ ਮੇਰੀ ਇਸ ਗੱਲ ਉੱਤੇ ਯਕੀਨ ਨਹੀਂ ਆਉਂਦਾ, ਤਾਂ ਆਪਣੇ ਹੀ ਪੁਰਾਣੇ ਰਿਸ਼ੀਆਂ ਦੇ ਬਚਨ ਪੜ੍ਹ ਸੁਣ ਵੇਖੋ) ਨਾਰਦ ਰਿਸ਼ੀ ਦੇ ਇਹੀ ਬਚਨ ਹਨ, ਵਿਆਸ ਇਹੀ ਗੱਲ ਆਖਦਾ ਹੈ; ਸੁਕਦੇਵ ਨੂੰ ਵੀ ਜਾ ਕੇ ਪੁੱਛ ਲਵੋ (ਭਾਵ, ਸੁਕਦੇਵ ਦੇ ਬਚਨ ਪੜ੍ਹ ਕੇ ਭੀ ਵੇਖ ਲਵੋ, ਉਹ ਭੀ ਇਹੀ ਆਖਦਾ ਹੈ ਕਿ ਨਾਮ ਸਿਮਰਿਆਂ ਪਾਰ-ਉਤਾਰਾ ਹੁੰਦਾ ਹੈ)।

47396	1103	ਕਹਿ ਕਬੀਰ ਰਾਮੈ ਰਮਿ ਛੂਟਹੁ ਨਾਹਿ ਤ ਬੂਡੇ ਭਾਈ॥੪॥੧॥	ਬੂੱਡੇ	Kehi Kabeer Raamai Ram Shhoottahu Naahi Th Booddae Bhaaee ||4||1||	Says Kabeer, chanting the Lord's Name, you shall be saved; otherwise, you shall drown, brother. ||4||1||	ਕਬੀਰ ਆਖਦਾ ਹੈ ਕਿ (ਦੁਨੀਆ ਦੇ ਬੰਧਨਾਂ ਤੋਂ) ਪ੍ਰਭੂ ਦਾ ਨਾਮ ਸਿਮਰ ਕੇ ਹੀ ਮੁਕਤ ਹੋ ਸਕਦੇ ਹੋ, ਨਹੀਂ ਤਾਂ ਆਪਣੇ ਆਪ ਨੂੰ ਡੁੱਬੇ ਸਮਝੋ ॥੪॥੧॥
47397	1103	ਬਨਹਿ ਬਸੇ ਕਿਉ ਪਾਈਐ ਜਉ ਲਉ ਮਨਹੁ ਨ ਤਜਹਿ ਬਿਕਾਰ॥		Banehi Basae Kio Paaeeai Jo Lo Manahu N Thajehi Bikaar ||	Living in the forest, how will you find Him? Not until you remove corruption from your mind.	ਜਦ ਤਕ, ਤੂੰ ਆਪਣੇ ਮਨ ਵਿਚੋਂ ਵਿਕਾਰ ਨਹੀਂ ਛੱਡਦਾ, ਜੰਗਲ ਵਿਚ ਜਾ ਵੱਸਿਆਂ ਪਰਮਾਤਮਾ ਕਿਵੇਂ ਮਿਲ ਸਕਦਾ ਹੈ?
47398	1103	ਜਿਹ ਘਰੁ ਬਨੁ ਸਮਸਰਿ ਕੀਆ ਤੇ ਪੂਰੇ ਸੰਸਾਰ॥੧॥		Jih Ghar Ban Samasar Keeaa Thae Poorae Sansaar ||1||	Those who look alike upon home and forest, are the most perfect people in the world. ||1||	ਜਗਤ ਵਿਚ ਪੂਰਨ ਪੁਰਖ ਉਹੀ ਹਨ ਜਿਨ੍ਹਾਂ ਨੇ ਘਰ ਤੇ ਜੰਗਲ ਨੂੰ ਇਕੋ ਜਿਹਾ ਕਰ ਜਾਣਿਆ ਹੈ (ਭਾਵ, ਗ੍ਰਿਹਸਤ ਵਿਚ ਰਹਿੰਦੇ ਹੋਏ ਹੀ ਤਿਆਗੀ ਹਨ) ॥੧॥
47399	1103	ਸਾਰ ਸੁਖੁ ਪਾਈਐ ਰਾਮਾ॥		Saar Sukh Paaeeai Raamaa ||	You shall find real peace in the Lord,	ਅਸਲ ਸ੍ਰੇਸ਼ਟ ਸੁਖ ਪ੍ਰਭੂ ਦਾ ਨਾਮ ਸਿਮਰਿਆਂ ਹੀ ਮਿਲਦਾ ਹੈ।
47400	1103	ਰੰਗਿ ਰਵਹੁ ਆਤਮੈ ਰਾਮ॥੧॥ਰਹਾਉ॥		Rang Ravahu Aathamai Raam ||1|| Rehaao ||	If you lovingly dwell on the Lord within your being. ||1||Pause||	(ਇਸ ਵਾਸਤੇ, ਹੇ ਭਾਈ!) ਆਪਣੇ ਹਿਰਦੇ ਵਿਚ ਹੀ ਪ੍ਰੇਮ ਨਾਲ ਰਾਮ ਦਾ ਨਾਮ ਸਿਮਰੋ ॥੧॥ ਰਹਾਉ ॥

47401	1103	ਜਟਾ ਭਸਮ ਲੇਪਨ ਕੀਆ ਕਹਾ ਗੁਫਾ ਮਹਿ ਬਾਸੁ॥		Jattaa Bhasam Laepan Keeaa Kehaa Gufaa Mehi Baas ||	What is the use of wearing matted hair, smearing the body with ashes, and living in a cave?	ਜੇ ਤੁਸਾਂ ਜਟਾ (ਧਾਰ ਕੇ ਉਹਨਾਂ) ਨੂੰ ਸੁਆਹ ਲਿੰਬ ਲਈ, ਜਾਂ ਕਿਸੇ ਗੁਫ਼ਾ ਵਿਚ ਜਾ ਡੇਰਾ ਲਾਇਆ, ਤਾਂ ਭੀ ਕੀਹ ਹੋਇਆ? (ਮਾਇਆ ਦਾ ਮੋਹ ਇਸ ਤਰ੍ਹਾਂ ਖ਼ਲਾਸੀ ਨਹੀਂ ਕਰਦਾ)।
47402	1103	ਮਨੁ ਜੀਤੇ ਜਗੁ ਜੀਤਿਆ ਜਾਂ ਤੇ ਬਿਖਿਆ ਤੇ ਹੋਇ ਉਦਾਸੁ॥੨॥		Man Jeethae Jag Jeethiaa Jaan Thae Bikhiaa Thae Hoe Oudhaas ||2||	Conquering the mind, one conquers the world, and then remains detached from corruption. ||2||	ਜਿਨ੍ਹਾਂ ਨੇ ਆਪਣੇ ਮਨ ਨੂੰ ਜਿੱਤ ਲਿਆ ਹੈ ਉਹਨਾਂ (ਮਾਨੇ) ਸਾਰੇ ਜਗਤ ਨੂੰ ਜਿੱਤ ਲਿਆ, ਕਿਉਂਕਿ ਮਨ ਜਿੱਤਣ ਨਾਲ ਹੀ ਮਾਇਆ ਤੋਂ ਉਪਰਾਮ ਹੋਈਦਾ ਹੈ ॥੨॥
47403	1103	ਅੰਜਨੁ ਦੇਇ ਸਭੈ ਕੋਈ ਟੁਕੁ ਚਾਹਨ ਮਾਹਿ ਬਿਡਾਨੁ॥	ਸਭ ਕੋਈ ਕਹਿੰਦਾ ਹੈ ਕਿ (ਅੰਜਨੁ) ਗਿਆਨ ਦੇਵੋ।(ਟੁਕੁ) ਥੋੜੀ ਥੋੜੀ (ਚਾਹਨ) ਚਾਹਨਾ (ਮਾਹਿ) ਵਿੱਚ ਫਿਰਦੇ ਹੋ।(ਬਿਡਾਨੁ) ਅਸਚਰਜ। ਸੱਭੈ	Anjan Dhaee Sabhai Koee Ttuk Chaahan Maahi Biddaan ||	They all apply make-up to their eyes; there is little difference between their objectives.	ਹਰ ਕੋਈ ਸੁਰਮਾ ਪਾ ਲੈਂਦਾ ਹੈ, ਪਰ (ਸੁਰਮਾ ਪਾਣ ਵਾਲਿਆਂ ਦੀ) ਨੀਅਤ ਵਿਚ ਕੁਝ ਫ਼ਰਕ ਹੋਇਆ ਕਰਦਾ ਹੈ (ਕੋਈ ਸੁਰਮਾ ਪਾਂਦਾ ਹੈ ਵਿਕਾਰਾਂ ਲਈ, ਤੇ ਕੋਈ ਅੱਖਾਂ ਦੀ ਨਜ਼ਰ ਚੰਗੀ ਰੱਖਣ ਲਈ। ਤਿਵੇਂ, ਮਾਇਆ ਦੇ ਬੰਧਨਾਂ ਤੋਂ ਨਿਕਲਣ ਲਈ ਉੱਦਮ ਕਰਨ ਦੀ ਲੋੜ ਹੈ, ਪਰ ਉੱਦਮ ਉੱਦਮ ਵਿਚ ਫ਼ਰਕ ਹੈ)

47404	1103	ਗਿਆਨ ਅੰਜਨੁ ਜਿਹ ਪਾਇਆ ਤੇ ਲੋਇਨ ਪਰਵਾਨੁ॥੩॥		Giaan Anjan Jih Paaeiaa Thae Loein Paravaan ||3||	But those eyes, to which the ointment of spiritual wisdom is applied, are approved and supreme. ||3||	ਉਹੀ ਅੱਖਾਂ (ਪ੍ਰਭੂ ਦੀ ਨਜ਼ਰ ਵਿਚ) ਕਬੂਲ ਹਨ ਜਿਨ੍ਹਾਂ (ਗੁਰੂ ਦੇ) ਗਿਆਨ ਦਾ ਸੁਰਮਾ ਪਾਇਆ ਹੈ ॥੩॥
47405	1103	ਕਹਿ ਕਬੀਰ ਅਬ ਜਾਨਿਆ ਗੁਰਿ ਗਿਆਨੁ ਦੀਆ ਸਮਝਾਇ॥		Kehi Kabeer Ab Jaaniaa Gur Giaan Dheeaa Samajhaae ||	Says Kabeer, now I know my Lord; the Guru has blessed me with spiritual wisdom.	ਕਬੀਰ ਆਖਦਾ ਹੈ ਕਿ ਮੈਨੂੰ ਮੇਰੇ ਗੁਰੂ ਨੇ (ਜੀਵਨ ਦੇ ਸਹੀ ਰਸਤੇ ਦਾ) ਗਿਆਨ ਬਖ਼ਸ਼ ਦਿੱਤਾ ਹੈ। ਮੈਨੂੰ ਹੁਣ ਸਮਝ ਆ ਗਈ ਹੈ।
47406	1103	ਅੰਤਰਗਤਿ ਹਰਿ ਭੇਟਿਆ ਅਬ ਮੇਰਾ ਮਨੁ ਕਤਹੂ ਨ ਜਾਇ॥੪॥੨॥		Antharagath Har Bhaettiaa Ab Maeraa Man Kathehoo N Jaae ||4||2||	I have met the Lord, and I am emancipated within; now, my mind does not wander at all. ||4||2||	(ਗੁਰੂ ਦੀ ਕਿਰਪਾ ਨਾਲ) ਮੇਰੇ ਅੰਦਰ ਬੈਠਾ ਹੋਇਆ ਪਰਮਾਤਮਾ ਮੈਨੂੰ ਮਿਲ ਪਿਆ ਹੈ, ਮੇਰਾ ਮਨ (ਜੰਗਲ ਗੁਫ਼ਾ ਆਦਿਕ) ਕਿਸੇ ਹੋਰ ਪਾਸੇ ਨਹੀਂ ਜਾਂਦਾ ॥੪॥੨॥
47407	1103	ਰਿਧਿ ਸਿਧਿ ਜਾ ਕਉ ਫੁਰੀ ਤਬ ਕਾਹੂ ਸਿਉ ਕਿਆ ਕਾਜ॥		Ridhh Sidhh Jaa Ko Furee Thab Kaahoo Sio Kiaa Kaaj ||	You have riches and miraculous spiritual powers; so what business do you have with anyone else?	(ਭਲਾ, ਹੇ ਜੋਗੀ!) ਜਿਸ ਮਨੁੱਖ ਦੇ ਨਿਰਾ ਫੁਰਨਾ ਉੱਠਣ ਤੇ ਹੀ ਰਿੱਧੀਆਂ ਸਿੱਧੀਆਂ ਹੋ ਪੈਣ, ਉਸ ਨੂੰ ਕਿਸੇ ਹੋਰ ਦੀ ਕੀਹ ਮੁਥਾਜੀ ਰਹਿੰਦੀ ਹੈ? (ਤੇ ਤੂੰ ਅਜੇ ਭੀ ਮੁਥਾਜ ਹੋ ਕੇ ਲੋਕਾਂ ਦੇ ਦਰ ਤੇ ਭਟਕਦਾ ਹੈਂ)।

47408	1103	ਤੇਰੇ ਕਹਨੇ ਕੀ ਗਤਿ ਕਿਆ ਕਹਉ ਮੈ ਬੋਲਤ ਹੀ ਬਡ ਲਾਜ॥੧॥		Thaerae Kehanae Kee Gath Kiaa Keho Mai Bolath Hee Badd Laaj ||1||	What should I say about the reality of your talk? I am embarrassed even to speak to you. ||1||	(ਹੇ ਜੋਗੀ! ਤੂੰ ਆਖਦਾ ਹੈਂ 'ਮੈਨੂੰ ਰਿੱਧੀਆਂ ਸਿੱਧੀਆਂ ਫੁਰ ਪਈਆਂ ਹਨ', ਪਰ) ਤੇਰੇ ਨਿਰਾ (ਇਹ ਗੱਲ) ਆਖਣ ਦੀ ਹਾਲਤ ਮੈਂ ਕੀਹ ਦੱਸਾਂ? ਮੈਨੂੰ ਤਾਂ ਗੱਲ ਕਰਦਿਆਂ ਸ਼ਰਮ ਆਉਂਦੀ ਹੈ ॥੧॥
47409	1103	ਰਾਮੁ ਜਿਹ ਪਾਇਆ ਰਾਮ॥	ਰਾਮੁ ਹੇ ਭਾਈ!	Raam Jih Paaeiaa Raam ||	One who has found the Lord,	(ਹੇ ਜੋਗੀ!) ਜਿਨ੍ਹਾਂ ਲੋਕਾਂ ਨੂੰ ਸਚ-ਮੁਚ ਪਰਮਾਤਮਾ ਮਿਲ ਪੈਂਦਾ ਹੈ,
47410	1103	ਤੇ ਭਵਹਿ ਨ ਬਾਰੈ ਬਾਰ॥੧॥ਰਹਾਉ॥		Thae Bhavehi N Baarai Baar ||1|| Rehaao ||	Does not wander from door to door. ||1||Pause||	ਉਹ (ਭਿੱਛਿਆ ਮੰਗਣ ਲਈ) ਦਰ ਦਰ ਤੇ ਨਹੀਂ ਭਟਕਦੇ ॥੧॥ ਰਹਾਉ ॥
47411	1103	ਝੂਠਾ ਜਗੁ ਡਹਕੈ ਘਨਾ ਦਿਨ ਦੁਇ ਬਰਤਨ ਕੀ ਆਸ॥		Jhoothaa Jag Ddehakai Ghanaa Dhin Dhue Barathan Kee Aas ||	The false world wanders all around, in hopes of finding wealth to use for a few days.	ਦੋ ਚਾਰ ਦਿਨ (ਮਾਇਆ) ਵਰਤਣ ਦੀ ਆਸ ਤੇ ਹੀ ਇਹ ਝੂਠਾ ਜਗਤ ਕਿਤਨਾ ਹੀ ਭਟਕਦਾ ਫਿਰਦਾ ਹੈ।
47412	1103	ਰਾਮ ਉਦਕੁ ਜਿਹ ਜਨ ਪੀਆ ਤਿਹਿ ਬਹੁਰਿ ਨ ਭਈ ਪਿਆਸ॥੨॥		Raam Oudhak Jih Jan Peeaa Thihi Bahur N Bhee Piaas ||2||	That humble being, who drinks in the Lord's water, never becomes thirsty again. ||2||	(ਹੇ ਜੋਗੀ!) ਜਿਨ੍ਹਾਂ ਬੰਦਿਆਂ ਨੇ ਪ੍ਰਭੂ ਦਾ ਨਾਮ-ਅੰਮ੍ਰਿਤ ਪੀਤਾ ਹੈ, ਉਹਨਾਂ ਨੂੰ ਮੁੜ ਮਾਇਆ ਦੀ ਤ੍ਰੇਹ ਨਹੀਂ ਲੱਗਦੀ ॥੨॥

47413	1103	ਗੁਰ ਪ੍ਰਸਾਦਿ ਜਿਹ ਬੂਝਿਆ ਆਸਾ ਤੇ ਭਇਆ ਨਿਰਾਸੁ॥		Gur Prasaadh Jih Boojhiaa Aasaa Thae Bhaeiaa Niraas ||	Whoever understands, by Guru's Grace, becomes free of hope in the midst of hope.	ਗੁਰੂ ਦੀ ਕਿਰਪਾ ਨਾਲ ਜਿਸ ਨੇ (ਸਹੀ ਜੀਵਨ) ਸਮਝ ਲਿਆ ਹੈ, ਉਹ ਆਸਾਂ ਛੱਡ ਕੇ ਆਸਾਂ ਤੋਂ ਉਤਾਂਹ ਹੋ ਜਾਂਦਾ ਹੈ,
47414	1103	ਸਭੁ ਸਚੁ ਨਦਰੀ ਆਇਆ ਜਉ ਆਤਮ ਭਇਆ ਉਦਾਸੁ॥੩॥		Sabh Sach Nadharee Aaeiaa Jo Aatham Bhaeiaa Oudhaas ||3||	One comes to see the Lord everywhere, when the soul becomes detached. ||3||	ਕਿਉਂਕਿ ਜਦੋਂ ਮਨੁੱਖ ਅੰਦਰੋਂ ਮਾਇਆ ਤੋਂ ਉਪਰਾਮ ਹੋ ਜਾਏ ਤਾਂ ਉਸ ਨੂੰ ਹਰ ਥਾਂ ਪ੍ਰਭੂ ਦਿੱਸਦਾ ਹੈ (ਮਾਇਆ ਵਲ ਉਸ ਦੀ ਨਿਗਾਹ ਹੀ ਨਹੀਂ ਪੈਂਦੀ) ॥੩॥
47415	1103	ਰਾਮ ਨਾਮ ਰਸੁ ਚਾਖਿਆ ਹਰਿ ਨਾਮਾ ਹਰ ਤਾਰਿ॥	ਚੱਾਖਿਆ	Raam Naam Ras Chaakhiaa Har Naamaa Har Thaar ||	I have tasted the sublime essence of the Lord's Name; the Lord's Name carries everyone across.	ਜਿਸ ਮਨੁੱਖ ਨੇ ਪਰਮਾਤਮਾ ਦੇ ਨਾਮ ਦਾ ਸੁਆਦ ਚੱਖ ਲਿਆ ਹੈ, ਉਸ ਨੂੰ ਹਰੇਕ ਕੌਤਕ ਵਿਚ ਪ੍ਰਭੂ ਦਾ ਨਾਮ ਹੀ ਦਿੱਸਦਾ ਸੁਣੀਦਾ ਹੈ,
47416	1103	ਕਹੁ ਕਬੀਰ ਕੰਚਨੁ ਭਇਆ ਭ੍ਰਮੁ ਗਇਆ ਸਮੁਦ੍ਰੈ ਪਾਰਿ॥੪॥੩॥		Kahu Kabeer Kanchan Bhaeiaa Bhram Gaeiaa Samudhrai Paar ||4||3||	Says Kabeer, I have become like gold; doubt is dispelled, and I have crossed over the world-ocean. ||4||3||	ਕਬੀਰ ਆਖਦਾ ਹੈ- ਉਹ ਸੁੱਧ ਸੋਨਾ ਬਣ ਜਾਂਦਾ ਹੈ, ਉਸ ਦੀ ਭਟਕਣਾ ਸਮੁੰਦਰੋਂ ਪਾਰ ਚਲੀ ਜਾਂਦੀ ਹੈ (ਸਦਾ ਲਈ ਮਿਟ ਜਾਂਦੀ ਹੈ) ॥੪॥੩॥

47417	1103	ਉਦਕ ਸਮੁੰਦ ਸਲਲ ਕੀ ਸਾਖਿਆ ਨਦੀ ਤਰੰਗ ਸਮਾਵਹਿਗੇ॥	ਸਮਾਵਹਿ-ਗੇ	Oudhak Samundh Salal Kee Saakhiaa Nadhee Tharang Samaavehigae ||	Like drops of water in the water of the ocean, and like waves in the stream, I merge in the Lord.	ਜਿਵੇਂ ਪਾਣੀ ਸਮੁੰਦਰ ਦੇ ਪਾਣੀ ਵਿਚ ਮਿਲ ਕੇ ਇਕ-ਰੂਪ ਹੋ ਜਾਂਦਾ ਹੈ, ਜਿਵੇਂ ਨਦੀ ਦੇ ਪਾਣੀ ਦੀਆਂ ਲਹਿਰਾਂ ਨਦੀ ਦੇ ਪਾਣੀ ਵਿਚ ਲੀਨ ਹੋ ਜਾਂਦੀਆਂ ਹਨ,
47418	1103	ਸੁੰਨਹਿ ਸੁੰਨੁ ਮਿਲਿਆ ਸਮਦਰਸੀ ਪਵਨ ਰੂਪ ਹੋਇ ਜਾਵਹਿਗੇ॥੧॥		Sunnehi Sunn Miliaa Samadharasee Pavan Roop Hoe Jaavehigae ||1||	Merging my being into the Absolute Being of God, I have become impartial and transparent, like the air. ||1||	ਜਿਵੇਂ ਹਵਾ ਹਵਾ ਵਿਚ ਮਿਲ ਜਾਂਦੀ ਹੈ, ਤਿਵੇਂ ਵਾਸ਼ਨਾ-ਰਹਿਤ ਹੋਇਆ ਮੇਰਾ ਮਨ ਅਫੁਰ ਪ੍ਰਭੂ ਵਿਚ ਮਿਲ ਗਿਆ ਹੈ, ਤੇ ਹੁਣ ਮੈਨੂੰ ਹਰ ਥਾਂ ਪ੍ਰਭੂ ਹੀ ਦਿੱਸ ਰਿਹਾ ਹੈ ॥੧॥
47419	1103	ਬਹੁਰਿ ਹਮ ਕਾਹੇ ਆਵਹਿਗੇ॥		Bahur Ham Kaahae Aavehigae ||	Why should I come into the world again?	ਮੈਂ ਫਿਰ ਕਦੇ (ਜਨਮ ਮਰਨ ਦੇ ਗੇੜ ਵਿਚ) ਨਹੀਂ ਆਵਾਂਗਾ।
47420	1103	ਆਵਨ ਜਾਨਾ ਹੁਕਮੁ ਤਿਸੈ ਕਾ ਹੁਕਮੈ ਬੁਝਿ ਸਮਾਵਹਿਗੇ॥੧॥ਰਹਾਉ॥		Aavan Jaanaa Hukam Thisai Kaa Hukamai Bujh Samaavehigae ||1|| Rehaao ||	Coming and going is by the Hukam of His Command; realizing His Hukam, I shall merge in Him. ||1||Pause||	ਇਹ ਜਨਮ ਮਰਨ ਦਾ ਗੇੜ ਪ੍ਰਭੂ ਦੀ ਰਜ਼ਾ (ਅਨੁਸਾਰ) ਹੀ ਹੈ, ਮੈਂ ਉਸ ਰਜ਼ਾ ਨੂੰ ਸਮਝ ਕੇ (ਰਜ਼ਾ ਵਿਚ) ਲੀਨ ਹੋ ਗਿਆ ਹਾਂ ॥੧॥ ਰਹਾਉ ॥

47421	1103	ਜਬ ਚੂਕੈ ਪੰਚ ਧਾਤੁ ਕੀ ਰਚਨਾ ਐਸੇ ਭਰਮੁ ਚੁਕਾਵਹਿਗੇ॥		Jab Chookai Panch Dhhaath Kee Rachanaa Aisae Bharam Chukaavehigae ||	When the body, formed of the five elements, perishes, then any such doubts shall end.	ਹੁਣ ਜਦੋਂ (ਪ੍ਰਭੂ ਵਿਚ ਲੀਨ ਹੋਣ ਕਰਕੇ) ਮੇਰਾ ਪੰਜ-ਤੱਤੀ ਸਰੀਰ ਦਾ ਮੋਹ ਮੁੱਕ ਗਿਆ ਹੈ, ਮੈਂ ਆਪਣਾ ਭੁਲੇਖਾ ਭੀ ਇਉਂ ਮੁਕਾ ਲਿਆ ਹੈ,
47422	1103	ਦਰਸਨੁ ਛੋਡਿ ਭਏ ਸਮਦਰਸੀ ਏਕੋ ਨਾਮੁ ਧਿਆਵਹਿਗੇ॥੨॥		Dharasan Shhodd Bheae Samadharasee Eaeko Naam Dhhiaavehigae ||2||	Giving up the different schools of philosophy, I look upon all equally; I meditate only on the One Name. ||2||	ਕਿ ਕਿਸੇ ਖ਼ਾਸ ਭੇਖ (ਦੀ ਮਹੱਤਤਾ ਦਾ ਖ਼ਿਆਲ) ਛੱਡ ਕੇ ਮੈਨੂੰ ਸਭਨਾਂ ਵਿਚ ਹੀ ਪਰਮਾਤਮਾ ਦਿੱਸਦਾ ਹੈ, ਮੈਂ ਇਕ ਪ੍ਰਭੂ ਦਾ ਨਾਮ ਹੀ ਸਿਮਰ ਰਿਹਾ ਹਾਂ ॥੨॥
47423	1103	ਜਿਤ ਹਮ ਲਾਏ ਤਿਤ ਹੀ ਲਾਗੇ ਤੈਸੇ ਕਰਮ ਕਮਾਵਹਿਗੇ॥		Jith Ham Laaeae Thith Hee Laagae Thaisae Karam Kamaavehigae ||	Whatever I am attached to, to that I am attached; such are the deeds I do.	(ਪਰ, ਇਹ ਪ੍ਰਭੂ ਦੀ ਆਪਣੀ ਹੀ ਮਿਹਰ ਹੈ) ਜਿਸ ਪਾਸੇ ਉਸ ਨੇ ਮੈਨੂੰ ਲਾਇਆ ਹੈ ਮੈਂ ਉਧਰ ਹੀ ਲੱਗ ਪਿਆ ਹਾਂ (ਜਿਹੋ ਜਿਹੇ ਕੰਮ ਉਹ ਮੈਥੋਂ ਕਰਾਉਂਦਾ ਹੈ) ਉਹੋ ਜਿਹੇ ਕੰਮ ਮੈਂ ਕਰ ਰਿਹਾ ਹਾਂ।
47424	1103	ਹਰਿ ਜੀ ਕ੍ਰਿਪਾ ਕਰੇ ਜਉ ਅਪਨੀ ਤੌ ਗੁਰ ਕੇ ਸਬਦਿ ਸਮਾਵਹਿਗੇ॥੩॥		Har Jee Kirapaa Karae Jo Apanee Tha Gur Kae Sabadh Samaavehigae ||3||	When the Dear Lord grants His Grace, then I am merged in the Word of the Guru's Shabad. ||3||	ਜਦੋਂ ਭੀ (ਜਿਨ੍ਹਾਂ ਉੱਤੇ) ਪ੍ਰਭੂ ਜੀ ਆਪਣੀ ਮਿਹਰ ਕਰਦੇ ਹਨ, ਉਹ ਗੁਰੂ ਦੇ ਸ਼ਬਦ ਵਿਚ ਲੀਨ ਹੋ ਜਾਂਦੇ ਹਨ ॥੩॥

47425	1103	ਜੀਵਤ ਮਰਹੁ ਮਰਹੁ ਫੁਨਿ ਜੀਵਹੁ ਪੁਨਰਪਿ ਜਨਮੁ ਨ ਹੋਈ॥		Jeevath Marahu Marahu Fun Jeevahu Punarap Janam N Hoee ||	Die while yet alive, and by so dying, be alive; thus you shall not be reborn again.	ਗ੍ਰਿਹਸਤ ਵਿਚ ਰਹਿੰਦੇ ਹੋਏ ਹੀ (ਪਹਿਲਾਂ) ਵਿਕਾਰਾਂ ਵਲੋਂ ਮਰੋ। ਜਦੋਂ ਇਸ ਤਰ੍ਹਾਂ ਮਰੋਗੇ, ਤਾਂ ਫਿਰ ਆਤਮਕ ਜੀਵਨ ਵਾਲੇ ਪਾਸੇ ਜੀਊ ਪਵੋਗੇ। ਫਿਰ ਕਦੇ ਜਨਮ (ਮਰਨ ਦਾ ਗੇੜ) ਨਹੀਂ ਹੋਵੇਗਾ।
47426	1104	ਕਹੁ ਕਬੀਰ ਜੋ ਨਾਮਿ ਸਮਾਨੇ ਸੁੰਨ ਰਹਿਆ ਲਿਵ ਸੋਈ॥੪॥੪॥		Kahu Kabeer Jo Naam Samaanae Sunn Rehiaa Liv Soee ||4||4||	Says Kabeer, whoever is absorbed in the Naam remains lovingly absorbed in the Primal, Absolute Lord. ||4||4||	ਕਬੀਰ ਆਖਦਾ ਹੈ- ਜੋ ਜੋ ਮਨੁੱਖ ਪ੍ਰਭੂ ਦੇ ਨਾਮ ਵਿਚ ਲੀਨ ਹੁੰਦਾ ਹੈ, ਉਹ ਅਫੁਰ ਪ੍ਰਭੂ ਵਿਚ ਸੁਰਤ ਜੋੜੀ ਰੱਖਦਾ ਹੈ ॥੪॥੪॥
47427	1104	ਜਉ ਤੁਮ੍ਹ ਮੋਕਉ ਦੂਰਿ ਕਰਤ ਹਉ ਤਉ ਤੁਮ ਮੁਕਤਿ ਬਤਾਵਹੁ॥	ਹਉ ਹੋਂ	Jo Thumh Mo Ko Dhoor Karath Ho Tho Thum Mukath Bathaavahu ||	If You keep me far away from You, then tell me, what is liberation?	ਹੇ ਰਾਮ! ਜੇ ਤੂੰ ਮੈਨੂੰ ਆਪਣੇ ਚਰਨਾਂ ਤੋਂ ਵਿਛੋੜ ਦੇਵੇਂ, ਤਾਂ ਦੱਸ ਹੋਰ ਮੁਕਤੀ ਕੀਹ ਹੈ?
47428	1104	ਏਕ ਅਨੇਕ ਹੋਇ ਰਹਿਓ ਸਗਲ ਮਹਿ ਅਬ ਕੈਸੇ ਭਰਮਾਵਹੁ॥੧॥		Eaek Anaek Hoe Rehiou Sagal Mehi Ab Kaisae Bharamaavahu ||1||	The One has many forms, and is contained within all; how can I be fooled now? ||1||	ਤੂੰ ਇਕ ਪ੍ਰਭੂ ਅਨੇਕਾਂ ਰੂਪ ਧਾਰ ਕੇ ਸਾਰੇ ਜੀਵਾਂ ਵਿਚ ਵਿਆਪਕ ਹੈਂ (ਮੇਰੇ ਅੰਦਰ ਭੀ ਬੈਠ ਕੇ ਮੈਨੂੰ ਮਿਲਿਆ ਹੋਇਆ ਹੈਂ)। ਹੁਣ ਮੈਨੂੰ ਕਿਸੇ ਹੋਰ ਭੁਲੇਖੇ ਵਿਚ ਕਿਉਂ ਪਾਂਦਾ ਹੈਂ (ਕਿ ਮੁਕਤੀ ਕਿਸੇ ਹੋਰ ਥਾਂ ਕਿਸੇ ਹੋਰ ਕਿਸਮ ਦੀ ਮਿਲੇਗੀ)? ॥੧॥

47429	1104	ਰਾਮ ਮੋਕਉ ਤਾਰਿ ਕਹਾਂ ਲੈ ਜਈ ਹੈ॥		Raam Mo Ko Thaar Kehaan Lai Jee Hai ||	O Lord, where will You take me, to save me?	ਹੇ ਰਾਮ! (ਮੈਂ ਤਾਂ ਅੱਗੇ ਹੀ ਤੇਰੇ ਚਰਨਾਂ ਵਿਚ ਜੁੜਿਆ ਬੈਠਾ ਹਾਂ। ਲੋਕ ਆਖਦੇ ਹਨ ਕਿ ਮਰਨ ਪਿਛੋਂ ਮੁਕਤੀ ਮਿਲਦੀ ਹੈ) ਮੈਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਕੇ ਹੋਰ ਕਿੱਥੇ ਲੈ ਜਾਏਂਗਾ? (ਤੇਰੇ ਚਰਨਾਂ ਵਿਚ ਟਿਕੇ ਰਹਿਣਾ ਹੀ ਮੇਰੇ ਲਈ ਮੁਕਤੀ ਹੈ।
47430	1104	ਸੋਧਉ ਮੁਕਤਿ ਕਹਾ ਦੇਉ ਕੈਸੀ ਕਰਿ ਪ੍ਰਸਾਦੁ ਮੋਹਿ ਪਾਈ ਹੈ॥੧॥ਰਹਾਉ॥	(ਸੋਧਉ) ਵੀਚਾਰ ਦਾਹਾਂ	Sodhho Mukath Kehaa Dhaeo Kaisee Kar Prasaadh Mohi Paaee Hai ||1|| Rehaao ||	Tell me where, and what sort of liberation shall You give me? By Your Grace, I have already obtained it. ||1||Pause||	ਜੇ ਤੇਰੇ ਚਰਨਾਂ ਵਿਚ ਜੁੜੇ ਰਹਿਣਾ ਮੁਕਤੀ ਨਹੀਂ ਹੈ, ਤਾਂ) ਮੈਂ ਪੁੱਛਦਾ ਹਾਂ-ਉਹ ਮੁਕਤੀ ਕਿਹੋ ਜਿਹੀ ਹੋਵੇਗੀ, ਤੇ ਮੈਨੂੰ ਹੋਰ ਕਿਥੇ ਲੈ ਜਾ ਕੇ ਤੂੰ ਦੇਵੇਂਗਾ? (ਤੇਰੇ ਚਰਨਾਂ ਵਿਚ ਜੁੜੇ ਰਹਿਣ ਵਾਲੀ ਮੁਕਤੀ ਤਾਂ) ਤੇਰੀ ਕਿਰਪਾ ਨਾਲ ਮੈਂ ਅੱਗੇ ਹੀ ਪ੍ਰਾਪਤ ਕੀਤੀ ਹੋਈ ਹੈ ॥੧॥ ਰਹਾਉ ॥
47431	1104	ਤਾਰਨ ਤਰਨੁ ਤਬੈ ਲਗੁ ਕਹੀਐ ਜਬ ਲਗੁ ਤਤੁ ਨ ਜਾਨਿਆ॥		Thaaran Tharan Thabai Lag Keheeai Jab Lag Thath N Jaaniaa ||	People talk of salvation and being saved, as long as they do not understand the essence of reality.	ਸੰਸਾਰ-ਸਮੁੰਦਰ ਤੋਂ ਪਾਰ ਲੰਘਾਣਾ ਤੇ ਪਾਰ ਲੰਘਣਾ-ਇਹ ਗੱਲ ਤਦ ਤਕ ਹੀ ਕਹੀਦੀ ਹੈ, ਜਦ ਤਕ ਜਗਤ ਦੇ ਮੂਲ-ਪ੍ਰਭੂ ਨਾਲ ਸਾਂਝ ਨਹੀਂ ਪਾਈ ਜਾਂਦੀ।

47432	1104	ਅਬ ਤਉ ਬਿਮਲ ਭਏ ਘਟ ਹੀ ਮਹ ਕਹਿ ਕਬੀਰ ਮਨੁ ਮਾਨਿਆ॥੨॥੫॥		Ab Tho Bimal Bheae Ghatt Hee Mehi Kehi Kabeer Man Maaniaa ||2||5||	I have now become pure within my heart, says Kabeer, and my mind is pleased and appeased. ||2||5||	ਕਬੀਰ ਆਖਦਾ ਹੈ ਕਿ ਮੈਂ ਤਾਂ ਹੁਣ ਹਿਰਦੇ ਵਿਚ ਹੀ (ਤੇਰੇ ਮਿਲਾਪ ਦੀ ਬਰਕਤਿ ਨਾਲ) ਪਵਿੱਤਰ ਹੋ ਚੁਕਾ ਹਾਂ ਮੇਰਾ ਮਨ (ਤੇਰੇ ਨਾਲ ਹੀ) ਪਰਚ ਗਿਆ ਹੈ (ਕਿਸੇ ਹੋਰ ਮੁਕਤੀ ਦੀ ਮੈਨੂੰ ਲੋੜ ਨਹੀਂ ਹੈ) ॥੨॥੫॥
47433	1104	ਜਿਨਿ ਗੜ ਕੋਟ ਕੀਏ ਕੰਚਨ ਕੇ ਛੋਡਿ ਗਇਆ ਸੋ ਰਾਵਨੁ॥੧॥	ਗੜ੍ਹ	Jin Garr Kott Keeeae Kanchan Kae Shhodd Gaeiaa So Raavan ||1||	Raawan made castles and fortresses of gold, but he had to abandon them when he left. ||1||	ਜਿਸ ਰਾਵਣ ਨੇ ਸੋਨੇ ਦੇ ਕਿਲ੍ਹੇ ਬਣਾਏ (ਦੱਸੀਏ ਹਨ), ਉਹ ਭੀ (ਉਹ ਕਿਲ੍ਹੇ ਇਥੇ ਹੀ) ਛੱਡ ਗਿਆ ॥੧॥
47434	1104	ਕਾਹੇ ਕੀਜਤੁ ਹੈ ਮਨਿ ਭਾਵਨੁ॥	(ਕੀਜਤੁ) ਕਰਦੇ ਹੋਂ	Kaahae Keejath Hai Man Bhaavan ||	Why do you act only to please your mind?	ਕਿਉਂ ਆਪਣੀ ਮਨ-ਮਰਜ਼ੀ ਕਰਦਾ ਹੈਂ?
47435	1104	ਜਬ ਜਮੁ ਆਇ ਕੇਸ ਤੇ ਪਕਰੈ ਤਹ ਹਰਿ ਕੋ ਨਾਮੁ ਛਡਾਵਨ॥੧॥ਰਹਾਉ ॥		Jab Jam Aae Kaes Thae Pakarai Theh Har Ko Naam Shhaddaavan ||1|| Rehaao ||	When Death comes and grabs you by the hair, then only the Name of the Lord will save you. ||1||Pause||	ਜਦੋਂ ਜਮਦੂਤ ਆ ਕੇ ਕੇਸਾਂ ਤੋਂ ਫੜ ਲੈਂਦਾ ਹੈ (ਭਾਵ, ਜਦੋਂ ਮੌਤ ਸਿਰ ਤੇ ਆ ਜਾਂਦੀ ਹੈ) ਉਸ ਵੇਲੇ ਪਰਮਾਤਮਾ ਦਾ ਨਾਮ ਹੀ (ਉਸ ਮੌਤ ਦੇ ਸਹਿਮ ਤੋਂ) ਬਚਾਂਦਾ ਹੈ ॥੧॥ ਰਹਾਉ ॥

47436	1104	ਕਾਲੁ ਅਕਾਲੁ ਖਸਮ ਕਾ ਕੀਨ੍ਹਾ ਇਹੁ ਪਰਪੰਚੁ ਬਧਾਵਨੁ॥		Kaal Akaal Khasam Kaa Keenhaa Eihu Parapanch Badhhaavan ||	Death, and deathlessness are the creations of our Lord and Master; this show, this expanse, is only an entanglement.	ਕਬੀਰ ਆਖਦਾ ਹੈ ਕਿ ਇਹ ਅਮੋੜ ਮੌਤ ਅਤੇ ਬੰਧਨ-ਰੂਪ ਇਹ ਜਗਤ ਪਰਮਾਤਮਾ ਦੇ ਹੀ ਬਣਾਏ ਹੋਏ ਹਨ।
47437	1104	ਕਹਿ ਕਬੀਰ ਤੇ ਅੰਤੇ ਮੁਕਤੇ ਜਿਨ੍ ਹਿਰਦੈ ਰਾਮ ਰਸਾਇਨੁ॥੨॥੬॥		Kehi Kabeer Thae Anthae Mukathae Jinh Hiradhai Raam Rasaaein ||2||6||	Says Kabeer, those who have the sublime essence of the Lord in their hearts - in the end, they are liberated. ||2||6||	ਇਹਨਾਂ ਤੋਂ ਬਚਦੇ ਉਹੀ ਹਨ ਜਿਨ੍ਹਾਂ ਦੇ ਹਿਰਦੇ ਵਿਚ ਸਭ ਰਸਾਂ ਦਾ ਘਰ ਪਰਮਾਤਮਾ ਦਾ ਨਾਮ ਮੌਜੂਦ ਹੈ ॥੨॥੬॥
47438	1104	ਦੇਹੀ ਗਾਵਾ ਜੀਉ ਧਰ ਮਹਤਉ ਬਸਹਿ ਪੰਚ ਕਿਰਸਾਨਾ॥	(ਮਹਤਉ) ਪਟਵਾਰੀ, (ਕਿਰਸਾਨਾ) ਕਾਮ ਕ੍ਰੋਧ ਲੋਭ ਮੋਹ ਹੰਕਾਰ।ਮਹ-ਤਉ: ਪੋਲਾ ਬੋਲੋ	Dhaehee Gaavaa Jeeo Dhhar Mehatho Basehi Panch Kirasaanaa ||	The body is a village, and the soul is the owner and farmer; the five farm-hands live there.	ਇਹ ਮਨੁੱਖਾ ਸਰੀਰ (ਮਾਨੋ ਇਕ) ਨਗਰ ਹੈ, ਜੀਵ ਇਸ (ਨਗਰ ਦੀ) ਧਰਤੀ ਦਾ ਚੌਧਰੀ ਹੈ, ਇਸ ਵਿਚ ਪੰਜ ਕਿਸਾਨ ਵੱਸਦੇ ਹਨ-
47439	1104	ਨੈਨੂ ਨਕਟੂ ਸ੍ਰਵਨੂ ਰਸ ਪਤਿ ਇੰਦ੍ਰੀ ਕਹਿਆ ਨ ਮਾਨਾ॥੧॥	(ਰਸ) ਰਸਨਾ (ਪਤਿ) ਚਮੜੀ।ਇੰਦ੍ਰੀਂ	Nainoo Nakattoo Sravanoo Rasapath Eindhree Kehiaa N Maanaa ||1||	The eyes, nose, ears, tongue and sensory organs of touch do not obey any order. ||1||	ਅੱਖਾਂ, ਨੱਕ, ਕੰਨ, ਜੀਭ ਤੇ (ਕਾਮ-ਵਾਸ਼ਨਾ ਵਾਲੀ) ਇੰਦ੍ਰੀ। ਇਹ ਪੰਜੇ ਹੀ ਜੀਵ-ਚੌਧਰੀ ਦਾ ਕਿਹਾ ਨਹੀਂ ਮੰਨਦੇ (ਅਮੋੜ ਹਨ) ॥੧॥

47440	1104	ਬਾਬਾ ਅਬ ਨ ਬਸਉ ਇਹ ਗਾਉ॥		Baabaa Ab N Baso Eih Gaao ||	O father, now I shall not live in this village.	ਹੇ ਬਾਬਾ! ਹੁਣ ਮੈਂ ਇਸ ਪਿੰਡ ਵਿਚ ਨਹੀਂ ਵੱਸਣਾ,
47441	1104	ਘਰੀ ਘਰੀ ਕਾ ਲੇਖਾ ਮਾਗੈ ਕਾਇਥੁ ਚੇਤੂ ਨਾਉ॥੧॥ਰਹਾਉ॥	(ਕਾਇਥੁ) ਬ੍ਰਹਮ ਜੀ ਦਾ ਨਾਉ ਨਾਮ (ਚੇਤੂ) ਚੇਤੇ ਕਰੋ	Gharee Gharee Kaa Laekhaa Maagai Kaaeithh Chaethoo Naao ||1|| Rehaao ||	The accountants summoned Chitar and Gupat, the recording scribes of the conscious and the unconscious, to ask for an account of each and every moment. ||1||Pause||	ਜਿੱਥੇ ਰਿਹਾਂ ਉਹ ਪਟਵਾਰੀ ਜਿਸ ਦਾ ਨਾਮ ਚਿਤ੍ਰਗੁਪਤ ਹੈ, ਹਰੇਕ ਘੜੀ ਦਾ ਲੇਖਾ ਮੰਗਦਾ ਹੈ ॥੧॥ ਰਹਾਉ ॥
47442	1104	ਧਰਮਰਾਇ ਜਬ ਲੇਖਾ ਮਾਗੈ ਬਾਕੀ ਨਿਕਸੀ ਭਾਰੀ॥		Dhharam Raae Jab Laekhaa Maagai Baakee Nikasee Bhaaree ||	When the Righteous Judge of Dharma calls for my account, there shall be a very heavy balance against me.	(ਜੋ ਜੀਵ ਇਹਨਾਂ ਪੰਜਾਂ ਦੇ ਅਧੀਨ ਹੋ ਕੇ ਰਹਿੰਦਾ ਹੈ) ਜਦੋਂ ਧਰਮਰਾਜ (ਇਸ ਜੀਵਨ ਵਿਚ ਕੀਤੇ ਕੰਮਾਂ ਦਾ) ਹਿਸਾਬ ਮੰਗਦਾ ਹੈ (ਉਸ ਦੇ ਜ਼ਿੰਮੇ) ਬਹੁਤ ਕੁਝ ਦੇਣਾ ਨਿਕਲਦਾ ਹੈ।
47443	1104	ਪੰਚ ਕ੍ਰਿਸਾਨ ਵਾ ਭਾਗਿ ਗਏ ਲੈ ਬਾਧਿਓ ਜੀਉ ਦਰਬਾਰੀ॥੨॥	(ਕ੍ਰਿਸਾਨ) ਕਾਮਾਦਿਕ ਵਾ ਉਹ (ਦਰਬਾਰੀ) ਧਰਮਰਾਜੇ ਨੇ। ਬੱਧਿਓ	Panch Kirasaanavaa Bhaag Geae Lai Baadhhiou Jeeo Dharabaaree ||2||	The five farm-hands shall then run away, and the bailiff shall arrest the soul. ||2||	(ਸਰੀਰ ਢਹਿ ਜਾਣ ਤੇ) ਉਹ ਪੰਜ ਮੁਜ਼ਾਰੇ ਤਾਂ ਭੱਜ ਜਾਂਦੇ ਹਨ ਪਰ ਜੀਵ ਨੂੰ (ਲੇਖਾ ਮੰਗਣ ਵਾਲੇ) ਦਰਬਾਰੀ ਬੰਨ੍ਹ ਲੈਂਦੇ ਹਨ ॥੨॥

47444	1104	ਕਹੈ ਕਬੀਰ ਸੁਨਹੁ ਰੇ ਸੰਤਹੁ ਖੇਤ ਹੀ ਕਰਹੁ ਨਿਬੇਰਾ॥		Kehai Kabeer Sunahu Rae Santhahu Khaeth Hee Karahu Nibaeraa ||	Says Kabeer, listen, O Saints: settle your accounts in this farm.	ਕਬੀਰ ਆਖਦਾ ਹੈ ਕਿ ਹੇ ਸੰਤ ਜਨੋ! ਸੁਣੋ, ਇਸੇ ਹੀ ਮਨੁੱਖਾ ਜਨਮ ਵਿਚ (ਇਹਨਾਂ ਇੰਦ੍ਰਿਆਂ ਦਾ) ਹਿਸਾਬ ਮੁਕਾਉ,
47445	1104	ਅਬ ਕੀ ਬਾਰ ਬਖਸਿ ਬੰਦੇ ਕਉ ਬਹੁਰਿ ਨ ਭਉਜਲਿ ਫੇਰਾ॥੩॥੭॥		Ab Kee Baar Bakhas Bandhae Ko Bahur N Bhoujal Faeraa ||3||7||	O Lord, please forgive Your slave now, in this life, so that he may not have to return again to this terrifying world-ocean. ||3||7||	(ਤੇ ਪ੍ਰਭੂ ਅੱਗੇ ਨਿੱਤ ਅਰਦਾਸ ਕਰੋ-ਹੇ ਪ੍ਰਭੂ! ਇਸੇ ਹੀ ਵਾਰੀ (ਭਾਵ, ਇਸੇ ਹੀ ਜਨਮ ਵਿਚ) ਮੈਨੂੰ ਆਪਣੇ ਸੇਵਕ ਨੂੰ ਬਖ਼ਸ਼ ਲੈ, ਇਸ ਸੰਸਾਰ-ਸਮੁੰਦਰ ਵਿਚ ਮੇਰਾ ਮੁੜ ਫੇਰ ਨਾਹ ਹੋਵੇ ॥੩॥੭॥
47446	1104	ਰਾਗੁ ਮਾਰੂ ਬਾਣੀ ਕਬੀਰ ਜੀਉ ਕੀ		Raag Maaroo Baanee Kabeer Jeeo Kee	Raag Maaroo, The Word Of Kabeer Jee:	ਰਾਗ ਮਾਰੂ ਵਿੱਚ ਭਗਤ ਕਬੀਰ ਜੀ ਦੀ ਬਾਣੀ।
47447	1104	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
47448	1104	ਅਨਭਉ ਕਿਨੈ ਨ ਦੇਖਿਆ ਬੈਰਾਗੀਅੜੇ॥	ਬੈਰਾਗੀ-ਅੜੇ	Anabho Kinai N Dhaekhiaa Bairaageearrae ||	No one has seen the Fearless Lord, O renunciate.	ਹੇ ਅੰਞਾਣ ਵੈਰਾਗੀ! (ਪਰਮਾਤਮਾ ਨੂੰ ਇਹਨਾਂ ਅੱਖਾਂ ਨਾਲ ਕਦੇ) ਕਿਸੇ ਨੇ ਨਹੀਂ ਵੇਖਿਆ, ਉਸ ਦਾ ਤਾਂ ਆਤਮਕ ਝਲਕਾਰਾ ਹੀ ਵੱਜਦਾ ਹੈ।

47449	1104	ਬਿਨੁ ਭੈ ਅਨਭਉ ਹੋਇ ਵਣਾ ਹੰਬੈ॥੧॥	(ਅਨਭਉ) ਨਿਰਭਉ ਨੂੰ ਪ੍ਰਾਪਤਿ ਹੋਇ ਕੇ। ਬਿਨੁ ਭੈ (ਵਣਾ) ਹੋਣਾ ਬਣਦਾ (ਹੰਬੈ) ਹੈ	Bin Bhai Anabho Hoe Vanaahanbai ||1||	Without the Fear of God, how can the Fearless Lord be obtained? ||1||	ਤੇ, ਇਹ ਆਤਮਕ ਝਲਕਾਰਾ ਤਦੋਂ ਵੱਜਦਾ ਹੈ, ਜਦੋਂ ਮਨੁੱਖ ਦੁਨੀਆ ਦੇ ਡਰਾਂ ਤੋਂ ਰਹਿਤ ਹੋ ਜਾਂਦਾ ਹੈ ॥੧॥
47450	1104	ਸਹੁ ਹਦੂਰਿ ਦੇਖੈ ਤਾਂ ਭਉ ਪਵੈ ਬੈਰਾਗੀਅੜੇ॥		Sahu Hadhoor Dhaekhai Thaan Bho Pavai Bairaageearrae ||	If one sees the Presence of his Husband Lord near at hand, then he feels the Fear of God, O renunciate.	ਹੇ ਅੰਞਾਣ ਬੈਰਾਗੀ! ਜੋ ਮਨੁੱਖ ਪਰਮਾਤਮਾ-ਖਸਮ ਨੂੰ ਹਰ ਵੇਲੇ ਅੰਗ-ਸੰਗ ਸਮਝਦਾ ਹੈ, ਉਸ ਦੇ ਅੰਦਰ ਉਸ ਦਾ ਡਰ ਪੈਦਾ ਹੁੰਦਾ ਹੈ (ਕਿ ਪ੍ਰਭੂ ਸਾਡੇ ਸਾਰੇ ਕੀਤੇ ਕਰਮਾਂ ਨੂੰ ਵੇਖ ਰਿਹਾ ਹੈ)।
47451	1104	ਹੁਕਮੈ ਬੂਝੈ ਤ ਨਿਰਭਉ ਹੋਇ ਵਣਾ ਹੰਬੈ॥੨॥		Hukamai Boojhai Th Nirabho Hoe Vanaahanbai ||2||	If he realizes the Hukam of the Lord's Command, then he becomes fearless. ||2||	ਇਸ ਡਰ ਦੀ ਬਰਕਤਿ ਨਾਲ ਮਨੁੱਖ ਉਸ ਪ੍ਰਭੂ ਦਾ) ਹੁਕਮ ਸਮਝਦਾ ਹੈ (ਭਾਵ, ਇਹ ਸਮਝਣ ਦੀ ਕੋਸ਼ਸ਼ ਕਰਦਾ ਹੈ ਕਿ ਸਾਨੂੰ ਜੀਵਾਂ ਨੂੰ ਕਿਵੇਂ ਜੀਊਣਾ ਚਾਹੀਦਾ ਹੈ) ਤਾਂ ਸੰਸਾਰਕ ਡਰਾਂ ਤੋਂ ਰਹਿਤ ਹੋ ਜਾਂਦਾ ਹੈ (ਕਿਉਂਕਿ ਰਜ਼ਾ ਨੂੰ ਸਮਝ ਕੇ ਸੰਸਾਰਕ ਡਰਾਂ ਵਾਲੇ ਕੰਮ ਕਰਨੇ ਛੱਡ ਦੇਂਦਾ ਹੈ) ॥੨॥
47452	1104	ਹਰਿ ਪਾਖੰਡੁ ਨ ਕੀਜਈ ਬੈਰਾਗੀਅੜੇ॥		Har Paakhandd N Keejee Bairaageearrae ||	Don't practice hypocrisy with the Lord, O renunciate!	ਹੇ ਅੰਞਾਣ ਬੈਰਾਗੀ! (ਇਹ ਤੀਰਥ ਆਦਿਕ ਕਰ ਕੇ) ਪਰਮਾਤਮਾ ਨਾਲ ਠੱਗੀ ਨਾਹ ਕਰੀਏ,

47453	1104	ਪਾਖੰਡਿ ਰਤਾ ਸਭੁ ਲੋਕੁ ਵਣਾ ਹੰਬੈ॥੩॥		Paakhandd Rathaa Sabh Lok Vanaahanbai ||3||	The whole world is filled with hypocrisy. ||3||	ਸਾਰਾ ਜਗਤ (ਤੀਰਥ ਆਦਿਕ ਕਰਨ ਦੇ ਵਹਿਣ ਵਿਚ ਪੈ ਕੇ) ਪਖੰਡ ਵਿਚ ਰੁੱਝਾ ਪਿਆ ਹੈ ॥੩॥
47454	1104	ਤ੍ਰਿਸਨਾ ਪਾਸੁ ਨ ਛੋਡਈ ਬੈਰਾਗੀਅੜੇ॥		Thrisanaa Paas N Shhoddee Bairaageearrae ||	Thirst and desire do not just go away, O renunciate.	ਹੇ ਅੰਞਾਣ ਬੈਰਾਗੀ! (ਪਖੰਡ-ਕਰਮ ਕੀਤਿਆਂ) ਤ੍ਰਿਸ਼ਨਾ ਖ਼ਲਾਸੀ ਨਹੀਂ ਕਰਦੀ,
47455	1104	ਮਮਤਾ ਜਾਲਿਆ ਪਿੰਡੁ ਵਣਾ ਹੰਬੈ ॥੪॥		Mamathaa Jaaliaa Pindd Vanaahanbai ||4||	The body is burning in the fire of worldly love and attachment. ||4||	ਸਰੋਂ ਮਾਇਆ ਦੀ ਮਮਤਾ ਸਰੀਰ ਨੂੰ ਸਾੜ ਦੇਂਦੀ ਹੈ ॥੪॥
47456	1104	ਚਿੰਤਾ ਜਾਲਿ ਤਨੁ ਜਾਲਿਆ ਬੈਰਾਗੀਅੜੇ॥		Chinthaa Jaal Than Jaaliaa Bairaageearrae ||	Anxiety is burned, and the body is burned, O renunciate,	ਹੇ ਅੰਞਾਣ ਬੈਰਾਗੀ! ਜੇ ਮਨੁੱਖ ਦਾ ਮਨ (ਤ੍ਰਿਸ਼ਨਾ ਮਮਤਾ ਵਲੋਂ) ਮਰ ਜਾਏ,
47457	1104	ਜੇ ਮਨੁ ਮਿਰਤਕੁ ਹੋਇ ਵਣਾ ਹੰਬੈ॥੫॥		Jae Man Mirathak Hoe Vanaahanbai ||5||	Only if one lets his mind become dead. ||5||	(ਤਾਂ ਉਹ ਸੱਚਾ ਬੈਰਾਗੀ ਬਣ ਜਾਂਦਾ ਹੈ, ਉਸ ਅਜਿਹੇ ਬੈਰਾਗੀ ਨੇ) ਚਿੰਤਾ ਸਾੜ ਕੇ ਸਰੀਰ (ਦਾ ਮੋਹ) ਸਾੜ ਲਿਆ ਹੈ ॥੫॥
47458	1104	ਸਤਿਗੁਰ ਬਿਨੁ ਬੈਰਾਗੁ ਨ ਹੋਵਈ ਬੈਰਾਗੀਅੜੇ॥		Sathigur Bin Bairaag N Hovee Bairaageearrae ||	Without the True Guru, there can be no renunciation,	(ਪਰ) ਹੇ ਅੰਞਾਣ ਬੈਰਾਗੀ! ਸਤਿਗੁਰੂ (ਦੀ ਸ਼ਰਨ ਆਉਣ) ਤੋਂ ਬਿਨਾ (ਹਿਰਦੇ ਵਿਚ) ਵੈਰਾਗ ਪੈਦਾ ਨਹੀਂ ਹੋ ਸਕਦਾ,

47459	1104	ਜੇ ਲੋਚੈ ਸਭੁ ਕੋਇ ਵਣਾ ਹੰਬੈ॥੬॥		Jae Lochai Sabh Koe Vanaahanbai ||6||	Even though all the people may wish for it. ||6||	ਭਾਵੇਂ ਕੋਈ ਕਿਤਨੀ ਹੀ ਤਾਂਘ ਕਰੇ ॥੬॥
47460	1104	ਕਰਮੁ ਹੋਵੈ ਸਤਿਗੁਰੁ ਮਿਲੈ ਬੈਰਾਗੀਅੜੇ ॥		Karam Hovai Sathigur Milai Bairaageearrae ||	When God grants His Grace, one meets the True Guru, O renunciate,	ਹੇ ਅੰਞਾਣ ਬੈਰਾਗੀ! ਸਤਿਗੁਰੂ ਤਦੋਂ ਮਿਲਦਾ ਹੈ ਜੇ (ਪ੍ਰਭੂ ਦੀ) ਕਿਰਪਾ ਹੋਵੇ,
47461	1104	ਸਹਜੇ ਪਾਵੈ ਸੋਇ ਵਣਾ ਹੰਬੈ॥੭॥		Sehajae Paavai Soe Vanaahanbai ||7||	And automatically, intuitively finds that Lord. ||7||	ਉਹ ਮਨੁੱਖ (ਫਿਰ) ਸਹਿਜੇ ਹੀ (ਵੈਰਾਗ) ਪ੍ਰਾਪਤ ਕਰ ਲੈਂਦਾ ਹੈ ॥੭॥
47462	1104	ਕਹੁ ਕਬੀਰ ਇਕ ਬੇਨਤੀ ਬੈਰਾਗੀਅੜੇ॥		Kahu Kabeer Eik Baenathee Bairaageearrae ||	Says Kabeer, I offer this one prayer, O renunciate.	ਕਬੀਰ ਆਖਦਾ ਹੈ- ਹੇ ਅੰਞਾਣ ਬੈਰਾਗੀ! (ਪਖੰਡ ਨਾਲ ਕੁਝ ਨਹੀਂ ਸੌਰਨਾ, ਪ੍ਰਭੂ ਅੱਗੇ) ਇਉਂ ਅਰਦਾਸ ਕਰ,
47463	1104	ਮੋਕਉ ਭਉਜਲੁ ਪਾਰਿ ਉਤਾਰਿ ਵਣਾ ਹੰਬੈ॥੮॥੧॥੮॥		Mo Ko Bhoujal Paar Outhaar Vanaahanbai ||8||1||8||	Carry me across the terrifying world-ocean. ||8||1||8||	'ਹੇ ਪ੍ਰਭੂ! ਮੈਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈ' ॥੮॥੧॥੮॥
47464	1105	ਰਾਜਨ ਕਉਨੁ ਤੁਮਾਰੈ ਆਵੈ॥		Raajan Koun Thumaarai Aavai ||	O king, who will come to you?	ਹੇ ਰਾਜਾ (ਦੁਰਜੋਧਨ)! ਤੇਰੇ ਘਰ ਕੌਣ ਆਵੇ? (ਮੈਨੂੰ ਤੇਰੇ ਘਰ ਆਉਣ ਦੀ ਖਿੱਚ ਨਹੀਂ ਹੋ ਸਕਦੀ)।

47465	1105	ਐਸੋ ਭਾਉ ਬਿਦਰ ਕੋ ਦੇਖਿਓ ਓਹੁ ਗਰੀਬੁ ਮੋਹਿ ਭਾਵੈ॥੧॥ਰਹਾਉ॥		Aiso Bhaao Bidhar Ko Dhaekhiou Ouhu Gareeb Mohi Bhaavai ||1|| Rehaao ||	I have seen such love from Bidur, that the poor man is pleasing to me. ||1||Pause||	ਮੈਂ ਬਿਦਰ ਦਾ ਇਤਨਾ ਪ੍ਰੇਮ ਵੇਖਿਆ ਹੈ ਕਿ ਉਹ ਗ਼ਰੀਬ (ਭੀ) ਮੈਨੂੰ ਪਿਆਰਾ ਲੱਗਦਾ ਹੈ ॥੧॥ ਰਹਾਉ ॥
47466	1105	ਹਸਤੀ ਦੇਖਿ ਭਰਮ ਤੇ ਭੂਲਾ ਸ੍ਰੀ ਭਗਵਾਨੁ ਨ ਜਾਨਿਆ॥		Hasathee Dhaekh Bharam Thae Bhoolaa Sree Bhagavaan N Jaaniaa ||	Gazing upon your elephants, you have gone astray in doubt; you do not know the Great Lord God.	ਤੂੰ ਹਾਥੀ (ਆਦਿਕ) ਵੇਖ ਕੇ ਮਾਣ ਵਿਚ ਆ ਕੇ ਖੁੰਝ ਗਿਆ ਹੈਂ, ਪਰਮਾਤਮਾ ਨੂੰ ਭੁਲਾ ਬੈਠਾ ਹੈਂ।
47467	1105	ਤੁਮਰੋ ਦੂਧੁ ਬਿਦਰ ਕੋ ਪਾਨੋ ਅੰਮ੍ਰਿਤੁ ਕਰਿ ਮੈ ਮਾਨਿਆ॥੧॥		Thumaro Dhoodhh Bidhar Ko Paanho Anmrith Kar Mai Maaniaa ||1||	I judge Bidur's water to be like ambrosial nectar, in comparison with your milk. ||1||	ਇਕ ਪਾਸੇ ਤੇਰਾ ਦੁੱਧ ਹੈ, ਦੂਜੇ ਪਾਸੇ ਬਿਦਰ ਦਾ ਪਾਣੀ ਹੈ; ਇਹ ਪਾਣੀ ਮੈਨੂੰ ਅੰਮ੍ਰਿਤ ਦਿੱਸਦਾ ਹੈ ॥੧॥
47468	1105	ਖੀਰ ਸਮਾਨਿ ਸਾਗੁ ਮੈ ਪਾਇਆ ਗੁਨ ਗਾਵਤ ਰੈਨਿ ਬਿਹਾਨੀ॥		Kheer Samaan Saag Mai Paaeiaa Gun Gaavath Rain Bihaanee ||	I find his rough vegetables to be like rice pudding; the night of my life passes singing the Glorious Praises of the Lord.	(ਬਿਦਰ ਦੇ ਘਰ ਦਾ ਰਿੱਝਾ ਹੋਇਆ) ਸਾਗ (ਤੇਰੀ ਰਸੋਈ ਦੀ ਪੱਕੀ) ਖੀਰ ਵਰਗਾ ਮੈਨੂੰ (ਮਿੱਠਾ) ਲੱਗਦਾ ਹੈ, (ਕਿਉਂਕਿ ਬਿਦਰ ਦੇ ਕੋਲ ਰਹਿ ਕੇ ਮੇਰੀ) ਰਾਤ ਪ੍ਰਭੂ ਦੇ ਗੁਣ ਗਾਂਦਿਆਂ ਬੀਤੀ ਹੈ।

47469	1105	ਕਬੀਰ ਕੋ ਠਾਕੁਰੁ ਅਨਦ ਬਿਨੋਦੀ ਜਾਤਿ ਨ ਕਾਹੂ ਕੀ ਮਾਨੀ॥੨॥੯॥		Kabeer Ko Thaakur Anadh Binodhee Jaath N Kaahoo Kee Maanee ||2||9||	Kabeer's Lord and Master is joyous and blissful; He does not care about anyone's social class. ||2||9||	ਕਬੀਰ ਦਾ ਮਾਲਕ ਪ੍ਰਭੂ ਆਨੰਦ ਤੇ ਮੌਜ ਦਾ ਮਾਲਕ ਹੈ (ਜਿਵੇਂ ਉਸ ਨੇ ਕ੍ਰਿਸ਼ਨ-ਰੂਪ ਵਿਚ ਆ ਕੇ ਕਿਸੇ ਦੇ ਉੱਚੇ ਮਰਾਤਬੇ ਦੀ ਪਰਵਾਹ ਨਹੀਂ ਕੀਤੀ, ਤਿਵੇਂ) ਉਹ ਕਿਸੇ ਦੀ ਉੱਚੀ ਜਾਤ ਦੀ ਪਰਵਾਹ ਨਹੀਂ ਕਰਦਾ ॥੨॥੯॥
47470	1105	ਸਲੋਕ ਕਬੀਰ॥		Salok Kabeer ||	Shalok, Kabeer:	
47471	1105	ਗਗਨ ਦਮਾਮਾ ਬਾਜਿਓ ਪਰਿਓ ਨੀਸਾਨੈ ਘਾਉ॥		Gagan Dhamaamaa Baajiou Pariou Neesaanai Ghaao ||	The battle-drum beats in the sky of the mind; aim is taken, and the wound is inflicted.	ਉਸ ਦੇ ਦਸਮ-ਦੁਆਰ ਵਿਚ ਧੌਂਸਾ ਵੱਜਦਾ ਹੈ, ਉਸ ਦੇ ਨਿਸ਼ਾਨੇ ਤੇ ਚੋਟ ਪੈਂਦੀ ਹੈ (ਭਾਵ, ਉਸ ਦਾ ਮਨ ਪ੍ਰਭੂ-ਚਰਨਾਂ ਵਿਚ ਉੱਚੀਆਂ ਉਡਾਰੀਆਂ ਲਾਂਦਾ ਹੈ, ਜਿੱਥੇ ਕਿਸੇ ਵਿਕਾਰ ਦੀ ਸੁਣਾਈ ਹੀ ਨਹੀਂ ਹੋ ਸਕਦੀ, ਉਸ ਦੇ ਹਿਰਦੇ ਵਿਚ ਪ੍ਰਭੂ-ਚਰਨਾਂ ਵਿਚ ਜੁੜੇ ਰਹਿਣ ਦੀ ਧੂਹ ਪੈਂਦੀ ਹੈ)।
47472	1105	ਖੇਤੁ ਜੁ ਮਾਂਡਿਓ ਸੂਰਮਾ ਅਬ ਜੂਝਨ ਕੋ ਦਾਉ॥੧॥		Khaeth J Maanddiou Sooramaa Ab Joojhan Ko Dhaao ||1||	The spiritual warriors enter the field of battle; now is the time to fight! ||1||	ਜੋ ਮਨੁੱਖ ਇਸ ਜਗਤ-ਰੂਪ ਰਣ-ਭੂਮੀ ਵਿਚ ਦਲੇਰ ਹੋ ਕੇ ਵਿਕਾਰਾਂ ਦੇ ਟਾਕਰੇ ਤੇ ਅੜ ਖਲੋਤਾ ਹੈ, ਤੇ ਇਹ ਸਮਝਦਾ ਹੈ ਕਿ ਇਹ ਮਨੁੱਖਾ-ਜੀਵਨ ਹੀ ਮੌਕਾ ਹੈ ਜਦੋਂ ਇਹਨਾਂ ਨਾਲ ਲੜਿਆ ਜਾ ਸਕਦਾ ਹੈ, ਉਹ ਹੈ ਅਸਲ ਸੂਰਮਾ ॥੧॥

47473	1105	ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ॥		Sooraa So Pehichaaneeai J Larai Dheen Kae Haeth ||	He alone is known as a spiritual hero, who fights in defense of religion.	(ਹਾਂ, ਇਕ ਹੋਰ ਭੀ ਸੂਰਮਾ ਹੈ) ਉਸ ਮਨੁੱਖ ਨੂੰ ਭੀ ਸੂਰਮਾ ਹੀ ਸਮਝਣਾ ਚਾਹੀਦਾ ਹੈ ਜੋ ਗ਼ਰੀਬਾਂ ਦੀ ਖ਼ਾਤਰ ਲੜਦਾ ਹੈ,
47474	1105	ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ॥੨॥੨॥		Purajaa Purajaa Katt Marai Kabehoo N Shhaaddai Khaeth ||2||2||	He may be cut apart, piece by piece, but he never leaves the field of battle. ||2||2||	(ਗ਼ਰੀਬਾਂ ਵਾਸਤੇ ਲੜਦਾ ਲੜਦਾ) ਟੋਟੇ ਟੋਟੇ ਹੋ ਮਰਦਾ ਹੈ, ਪਰ ਲੜਾਈ ਦਾ ਮੈਦਾਨ ਕਦੇ ਨਹੀਂ ਛੱਡਦਾ (ਪਰ ਪਿਛਾਂਹ ਪੈਰ ਨਹੀਂ ਹਟਾਂਦਾ, ਆਪਣੀ ਜਿੰਦ ਬਚਾਣ ਦੀ ਖ਼ਾਤਰ ਗ਼ਰੀਬ ਦੀ ਫੜੀ ਹੋਈ ਬਾਂਹ ਨਹੀਂ ਛੱਡਦਾ) ॥੨॥੨॥
47475	1105	ਕਬੀਰ ਕਾ ਸਬਦੁ ਰਾਗੁ ਮਾਰੂ ਬਾਣੀ ਨਾਮਦੇਉ ਜੀ ਕੀ		Kabeer Kaa Sabadh Raag Maaroo Baanee Naamadhaeo Jee Kee	Shabad Of Kabeer, Raag Maaroo, The Word Of Naam Dayv Jee:	ਰਾਗ ਮਾਰੂ ਵਿੱਚ ਭਗਤ ਕਬੀਰ ਜੀ ਦਾ ਸ਼ਬਦ ਤੇ ਭਗਤ ਨਾਮਦੇਵ ਜੀ ਦੀ ਬਾਣੀ।
47476	1105	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

47477	1105	ਚਾਰਿ ਮੁਕਤਿ ਚਾਰੈ ਸਿਧਿ ਮਿਲਿ ਕੈ ਦੂਲਹ ਪ੍ਰਭ ਕੀ ਸਰਨਿ ਪਰਿਓ॥	(ਸਿੱਧਿ) ਮੁਕਤੀਆਂ	Chaar Mukath Chaarai Sidhh Mil Kai Dhooleh Prabh Kee Saran Pariou ||	I have obtained the four kinds of liberation, and the four miraculous spiritual powers, in the Sanctuary of God, my Husband Lord.	(ਜਗਤ ਵਿਚ) ਚਾਰ ਕਿਸਮ ਦੀਆਂ ਮੁਕਤੀਆਂ (ਮਿੱਥੀਆਂ ਗਈਆਂ ਹਨ), ਇਹ ਚਾਰੇ ਮੁਕਤੀਆਂ (ਅਠਾਰਾਂ) ਸਿੱਧੀਆਂ ਨਾਲ ਮਿਲ ਕੇ ਖਸਮ (-ਪ੍ਰਭੂ) ਦੀ ਸ਼ਰਨੀ ਪਈਆਂ ਹੋਈਆਂ ਹਨ,
47478	1105	ਮੁਕਤਿ ਭਇਓ ਚਉਹੂੰ ਜੁਗ ਜਾਨਿਓ ਜਸੁ ਕੀਰਤਿ ਮਾਥੈ ਛਤ੍ਰੁ ਧਰਿਓ॥੧॥		Mukath Bhaeiou Chouhoon Jug Jaaniou Jas Keerath Maathhai Shhathra Dhhariou ||1||	I am liberated, and famous throughout the four ages; the canopy of praise and fame waves over my head. ||1||	(ਜੋ ਮਨੁੱਖ ਉਸ ਪ੍ਰਭੂ ਦਾ ਨਾਮ ਸਿਮਰਦਾ ਹੈ, ਉਸ ਨੂੰ ਇਹ ਹਰੇਕ ਕਿਸਮ ਦੀ) ਮੁਕਤੀ ਮਿਲ ਜਾਂਦੀ ਹੈ, ਉਹ ਮਨੁੱਖ ਚਹੁੰਆਂ ਜੁਗਾਂ ਵਿਚ ਉੱਘਾ ਹੋ ਜਾਂਦਾ ਹੈ, ਉਸ ਦੀ (ਹਰ ਥਾਂ) ਸੋਭਾ ਹੁੰਦੀ ਹੈ, ਵਡਿਆਈ ਹੁੰਦੀ ਹੈ, ਉਸ ਦੇ ਸਿਰ ਉੱਤੇ ਛਤਰ ਝੁਲਦਾ ਹੈ ॥੧॥
47479	1105	ਰਾਜਾਰਾਮ ਜਪਤ ਕੋ ਕੋ ਨ ਤਰਿਓ॥		Raajaa Raam Japath Ko Ko N Thariou ||	Meditating on the Sovereign Lord God, who has not been saved?	ਪਰਕਾਸ਼-ਰੂਪ ਪਰਮਾਤਮਾ ਦਾ ਨਾਮ ਸਿਮਰ ਕੇ ਬੇਅੰਤ ਜੀਵ ਤਰੇ ਹਨ।
47480	1105	ਗੁਰ ਉਪਦੇਸਿ ਸਾਧ ਕੀ ਸੰਗਤਿ ਭਗਤੁ ਭਗਤੁ ਤਾ ਕੋ ਨਾਮੁ ਪਰਿਓ॥੧॥ਰਹਾਉ॥		Gur Oupadhaes Saadhh Kee Sangath Bhagath Bhagath Thaa Ko Naam Pariou ||1|| Rehaao ||	Whoever follows the Guru's Teachings and joins the Saadh Sangat, the Company of the Holy, is called the most devoted of the devotees. ||1||Pause||	ਜਿਸ ਜਿਸ ਮਨੁੱਖ ਨੇ ਆਪਣੇ ਗੁਰੂ ਦੀ ਸਿੱਖਿਆ ਉੱਤੇ ਤੁਰ ਕੇ ਸਾਧ ਸੰਗਤ ਕੀਤੀ, ਉਸ ਦਾ ਨਾਮ ਭਗਤ ਪੈ ਗਿਆ ॥੧॥ ਰਹਾਉ ॥

47481	1105	ਸੰਖ ਚਕ੍ਰ ਮਾਲਾ ਤਿਲਕੁ ਬਿਰਾਜਿਤ ਦੇਖਿ ਪ੍ਰਤਾਪੁ ਜਮੁ ਡਰਿਓ॥	ਮਾਲਾ: ਪੋਲਾ ਬੋਲੋ	Sankh Chakr Maalaa Thilak Biraajith Dhaekh Prathaap Jam Ddariou ||	He is adorned with the conch, the chakra, the mala and the ceremonial tilak mark on his forehead; gazing upon his radiant glory, the Messenger of Death is scared away.	(ਪ੍ਰਭੂ ਦਾ) ਸੰਖ, ਚੱਕ੍ਰ, ਮਾਲਾ, ਤਿਲਕ ਆਦਿਕ ਚਮਕਦਾ ਵੇਖ ਕੇ, ਪਰਤਾਪ ਵੇਖ ਕੇ, ਜਮਰਾਜ ਭੀ ਸਹਿਮ ਜਾਂਦਾ ਹੈ।
47482	1105	ਨਿਰਭਉ ਭਏ ਰਾਮ ਬਲ ਗਰਜਿਤ ਜਨਮ ਮਰਨ ਸੰਤਾਪ ਹਿਰਿਓ॥੨॥	ਗਰਜਿੱਤ	Nirabho Bheae Raam Bal Garajith Janam Maran Santhaap Hiriou ||2||	He becomes fearless, and the power of the Lord thunders through him; the pains of birth and death are taken away. ||2||	(ਜਿਨ੍ਹਾਂ ਨੇ ਉਸ ਪ੍ਰਭੂ ਨੂੰ ਸਿਮਰਿਆ ਹੈ) ਉਹਨਾਂ ਨੂੰ ਕੋਈ ਡਰ ਨਹੀਂ ਰਹਿ ਜਾਂਦਾ, (ਕਿਉਂਕਿ ਉਹਨਾਂ ਪਾਸੋਂ ਤਾਂ ਜਮ ਭੀ ਡਰਦਾ ਹੈ), ਪ੍ਰਭੂ ਦਾ ਪਰਤਾਪ ਉਹਨਾਂ ਦੇ ਅੰਦਰ ਉਛਾਲੇ ਮਾਰਦਾ ਹੈ, ਉਹਨਾਂ ਦੇ ਜਨਮ ਮਰਨ ਦੇ ਕਲੇਸ਼ ਨਾਸ ਹੋ ਜਾਂਦੇ ਹਨ ॥੨॥
47483	1105	ਅੰਬਰੀਕ ਕਉ ਦੀਓ ਅਭੈ ਪਦੁ ਰਾਜੁ ਭਭੀਖਨ ਅਧਿਕ ਕਰਿਓ॥	ਅ-ਭੈ, ਅ-ਧਿਕ: ਪੋਲੇ ਬੋਲੋ	Anbareek Ko Dheeou Abhai Padh Raaj Bhabheekhan Adhhik Kariou ||	The Lord blessed Ambreek with fearless dignity, and elevated Bhabhikhan to become king.	(ਅੰਬਰੀਕ ਨੇ ਨਾਮ ਸਿਮਰਿਆ, ਪ੍ਰਭੂ ਨੇ) ਅੰਬਰੀਕ ਨੂੰ ਨਿਰਭੈਤਾ ਦਾ ਉੱਚਾ ਦਰਜਾ ਬਖ਼ਸ਼ਿਆ (ਤੇ ਦੁਰਬਾਸਾ ਉਸ ਦਾ ਕੁਝ ਵਿਗਾੜ ਨਾ ਸਕਿਆ), ਪ੍ਰਭੂ ਨੇ ਭਭੀਖਣ ਨੂੰ ਰਾਜ ਦੇ ਕੇ ਵੱਡਾ ਬਣਾ ਦਿੱਤਾ;

47484	1105	ਨਉ ਨਿਧਿ ਠਾਕੁਰਿ ਦਈ ਸੁਦਾਮੈ ਧ੍ਰੂਅ ਅਟਲੁ ਅਜਹੂ ਨ ਟਰਿਓ॥੩॥	ਅ-ਟਲੁ	No Nidhh Thaakur Dhee Sudhaamai Dhhrooa Attal Ajehoo N Ttariou ||3||	Sudama's Lord and Master blessed him with the nine treasures; he made Dhroo permanent and unmoving; as the north star, he still hasn't moved. ||3||	ਸੁਦਾਮੇ (ਗ਼ਰੀਬ) ਨੂੰ ਠਾਕੁਰ ਨੇ ਨੌ ਨਿਧੀਆਂ ਦੇ ਦਿੱਤੀਆਂ, ਧ੍ਰੂ ਨੂੰ ਅਟੱਲ ਪਦਵੀ ਬਖ਼ਸ਼ੀ ਜੋ ਅੱਜੇ ਤਕ ਕਾਇਮ ਹੈ ॥੩॥
47485	1105	ਭਗਤ ਹੇਤਿ ਮਾਰਿਓ ਹਰਨਾਖਸੁ ਨਰਸਿੰਘ ਰੂਪ ਹੋਇ ਦੇਹ ਧਰਿਓ॥		Bhagath Haeth Maariou Haranaakhas Narasingh Roop Hoe Dhaeh Dhhariou ||	For the sake of His devotee Prahlaad, God assumed the form of the man-lion, and killed Harnaakhash.	ਪ੍ਰਭੂ ਨੇ ਆਪਣੇ ਭਗਤ (ਪ੍ਰਹਿਲਾਦ) ਦੀ ਖ਼ਾਤਰ ਨਰਸਿੰਘ ਦਾ ਰੂਪ ਧਾਰਿਆ, ਤੇ ਹਰਨਾਖਸ਼ ਨੂੰ ਮਾਰਿਆ।
47486	1105	ਨਾਮਾ ਕਹੈ ਭਗਤਿ ਬਸਿ ਕੇਸਵ ਅਜਹੂੰ ਬਲਿ ਕੇ ਦੁਆਰ ਖਰੋ॥੪॥੧॥	ਬੱਸਿ	Naamaa Kehai Bhagath Bas Kaesav Ajehoon Bal Kae Dhuaar Kharo ||4||1||	Says Naam Dayv, the beautiful-haired Lord is in the power of His devotees; He is standing at Balraja's door, even now! ||4||1||	ਨਾਮਦੇਵ ਆਖਦਾ ਹੈ ਕਿ ਪਰਮਾਤਮਾ ਭਗਤੀ ਦੇ ਅਧੀਨ ਹੈ, (ਵੇਖੋ!) ਅਜੇ ਤਕ ਉਹ (ਆਪਣੇ ਭਗਤ ਰਾਜਾ) ਬਲਿ ਦੇ ਬੂਹੇ ਅੱਗੇ ਖਲੋਤਾ ਹੈ ॥੪॥੧॥
47487	1105	ਮਾਰੂ ਕਬੀਰ ਜੀਉ॥		Maaroo Kabeer Jeeo ||	Maaroo, Kabeer Jee:	

47488	1105	ਦੀਨੁ ਬਿਸਾਰਿਓ ਰੇ ਦਿਵਾਨੇ ਦੀਨੁ ਬਿਸਾਰਿਓ ਰੇ॥		Dheen Bisaariou Rae Dhivaanae Dheen Bisaariou Rae ||	You have forgotten your religion, O madman; you have forgotten your religion.	ਹੇ ਕਮਲੇ ਮਨੁੱਖ! ਤੂੰ ਧਰਮ (ਮਨੁੱਖਾ-ਜੀਵਨ ਦਾ ਫ਼ਰਜ਼) ਵਿਸਾਰ ਦਿੱਤਾ ਹੈ।
47489	1105	ਪੇਟੁ ਭਰਿਓ ਪਸੂਆ ਜਿਉ ਸੋਇਓ ਮਨੁਖੁ ਜਨਮੁ ਹੈ ਹਾਰਿਓ॥੧॥ਰਹਾਉ॥		Paett Bhariou Pasooaa Jio Soeiou Manukh Janam Hai Haariou ||1|| Rehaao ||	You fill your belly, and sleep like an animal; you have wasted and lost this human life. ||1||Pause||	ਤੂੰ ਪਸ਼ੂਆਂ ਵਾਂਗ ਢਿੱਡ ਭਰ ਕੇ ਸੁੱਤਾ ਰਹਿੰਦਾ ਹੈਂ; ਤੂੰ ਮਨੁੱਖ ਜੀਵਨ ਐਵੇਂ ਹੀ ਗੰਵਾ ਲਿਆ ਹੈ ॥੧॥ ਰਹਾਉ ॥
47490	1105	ਸਾਧਸੰਗਤਿ ਕਬਹੂ ਨਹੀ ਕੀਨੀ ਰਚਿਓ ਧੰਧੈ ਝੂਠ॥		Saadhhasangath Kabehoo Nehee Keenee Rachiou Dhhandhhai Jhooth ||	You never joined the Saadh Sangat, the Company of the Holy. You are engrossed in false pursuits.	ਤੂੰ ਕਦੇ ਸਤਸੰਗ ਵਿਚ ਨਹੀਂ ਗਿਆ, ਜਗਤ ਦੇ ਝੂਠੇ ਧੰਧਿਆਂ ਵਿਚ ਹੀ ਮਸਤ ਹੈਂ;
47491	1105	ਸੁਆਨ ਸੂਕਰ ਬਾਇਸ ਜਿਵੈ ਭਟਕਤੁ ਚਾਲਿਓ ਊਠਿ॥੧॥	(ਬਾਇਸ) ਕਾਂ	Suaan Sookar Baaeis Jivai Bhattakath Chaaliou Ooth ||1||	You wander like a dog, a pig, a crow; soon, you shall have to get up and leave. ||1||	ਕਾਂ, ਕੁੱਤੇ, ਸੂਰ ਵਾਂਗ ਭਟਕਦਾ ਹੀ (ਜਗਤ ਤੋਂ) ਤੁਰ ਜਾਏਂਗਾ ॥੧॥

47492	1105	ਆਪਸ ਕੌ ਦੀਰਘ ਕਰਿ ਜਾਨੈ ਅਉਰਨ ਕਉ ਲਗ ਮਾਤ॥	ਲਗ: ਪੋਲਾ ਬੋਲੋ	Aapas Ko Dheeragh Kar Jaanai Aouran Ko Lag Maath ||	You believe that you yourself are great, and that others are small.	ਜੋ ਮਨੁੱਖ ਆਪਣੇ ਆਪ ਨੂੰ ਵੱਡੇ ਸਮਝਦੇ ਹਨ ਤੇ ਹੋਰਨਾਂ ਨੂੰ ਤੁੱਛ ਜਾਣਦੇ ਹਨ,
47493	1105	ਮਨਸਾ ਬਾਚਾ ਕਰਮਨਾ ਮੈ ਦੇਖੇ ਦੋਜਕ ਜਾਤ॥੨॥	(ਮਨਸਾ) ਮਨ। (ਬਾਚਾ) ਬਾਣੀ। (ਕਰਮਨਾ) ਸ੍ਰੀਰ ਕਰਕੇ ਜੋ ਵੱਡੇ ਅਖਵਾਉਂਦੇ ਸਨ।ਬੱਚਾ	Manasaa Baachaa Karamanaa Mai Dhaekhae Dhojak Jaath ||2||	Those who are false in thought, word and deed, I have seen them going to hell. ||2||	ਮਨੁੱਖ ਮਨ, ਬਚਨ ਜਾਂ ਕਰਮ ਦੁਆਰਾ (ਆਪਣੇ ਆਪ ਨੂੰ ਵੱਡੇ ਹੋਰਨਾਂ ਨੂੰ ਛੋਟੇ ਜਾਣਦੇ ਹਨ) ਐਸੇ ਬੰਦੇ ਮੈਂ ਦੋਜ਼ਕ ਜਾਂਦੇ ਵੇਖੇ ਹਨ (ਭਾਵ, ਨਿੱਤ ਇਹ ਵੇਖਣ ਵਿਚ ਆਉਂਦਾ ਹੈ ਕਿ ਅਜਿਹੇ ਹੰਕਾਰੀ ਮਨੁੱਖ ਹਉਮੈ ਵਿਚ ਇਉਂ ਦੁਖੀ ਹੁੰਦੇ ਹਨ ਜਿਵੇਂ ਦੋਜ਼ਕ ਦੀ ਅੱਗ ਵਿਚ ਸੜ ਰਹੇ ਹਨ) ॥੨॥
47494	1105	ਕਾਮੀ ਕ੍ਰੋਧੀ ਚਾਤੁਰੀ ਬਾਜੀਗਰ ਬੇਕਾਮ॥		Kaamee Krodhhee Chaathuree Baajeegar Baekaam ||	The lustful, the angry, the clever, the deceitful and the lazy	ਕਾਮ-ਵੱਸ ਹੋ ਕੇ, ਕ੍ਰੋਧ-ਅਧੀਨ ਹੋ ਕੇ, ਚਤਰਾਈਆ ਠੱਗੀਆਂ ਨਕਾਰੇ-ਪਨ ਵਿਚ,
47495	1105	ਨਿੰਦਾ ਕਰਤੇ ਜਨਮੁ ਸਿਰਾਨੋ ਕਬਹੂ ਨ ਸਿਮਰਿਓ ਰਾਮੁ॥੩॥		Nindhaa Karathae Janam Siraano Kabehoo N Simariou Raam ||3||	Waste their lives in slander, and never remember their Lord in meditation. ||3||	ਦੂਜਿਆਂ ਦੀ ਨਿੰਦਿਆ ਕਰ ਕੇ, (ਹੇ ਕਮਲਿਆ!) ਤੂੰ ਜੀਵਨ ਗੁਜ਼ਾਰ ਦਿੱਤਾ ਹੈ, ਕਦੇ ਪ੍ਰਭੂ ਨੂੰ ਯਾਦ ਨਹੀਂ ਕੀਤਾ ॥੩॥

47496	1105	ਕਹਿ ਕਬੀਰ ਚੇਤੈ ਨਹੀ ਮੂਰਖੁ ਮੁਗਧੁ ਗਵਾਰੁ॥		Kehi Kabeer Chaethai Nehee Moorakh Mugadhh Gavaar ||	Says Kabeer, the fools, the idiots and the brutes do not remember the Lord.	ਕਬੀਰ ਆਖਦਾ ਹੈ ਕਿ (ਉਹ) ਮੂਰਖ ਮੂੜ੍ਹ ਗੰਵਾਰ ਮਨੁੱਖ-
47497	1105	ਰਾਮੁ ਨਾਮੁ ਜਾਨਿਓ ਨਹੀ ਕੈਸੇ ਉਤਰਸਿ ਪਾਰਿ॥੪॥੧॥		Raam Naam Jaaniou Nehee Kaisae Outharas Paar ||4||1||	They do not know the Lord's Name; how can they be carried across? ||4||1||	ਜਿਹੜਾ ਪਰਮਾਤਮਾ ਨੂੰ ਨਹੀਂ ਸਿਮਰਦਾ, ਪ੍ਰਭੂ ਦੇ ਨਾਮ ਨਾਲ ਸਾਂਝ ਨਹੀਂ ਪਾਂਦਾ, (ਸੰਸਾਰ-ਸਮੁੰਦਰ ਵਿਚੋਂ) ਕਿਵੇਂ ਪਾਰ ਲੰਘੇਗਾ? ॥੪॥੧॥
47498	1106	ਰਾਗੁ ਮਾਰੂ ਬਾਣੀ ਜੈਦੇਉ ਜੀਉ ਕੀ		Raag Maaroo Baanee Jaidhaeo Jeeo Kee	Raag Maaroo, The Word Of Jai Dayv Jee:	ਰਾਗ ਮਾਰੂ ਵਿੱਚ ਭਗਤ ਜੈਦੇਵ ਜੀ ਦੀ ਬਾਣੀ।
47499	1106	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

47500	1106	ਚੰਦ ਸਤ ਭੇਦਿਆ ਨਾਦ ਸਤ ਪੂਰਿਆ ਸੂਰ ਸਤ ਖੋੜਸਾ ਦਤੁ ਕੀਆ॥	ਦਤੁ: ਪੋਲਾ ਬੋਲੋ, ਸਤਸੁਰ	Chandh Sath Bhaedhiaa Naadh Sath Pooriaa Soor Sath Khorrasaa Dhath Keeaa ||	The breath is drawn in through the left nostril; it is held in the central channel of the Sushmanaa and exhaled through the right nostril repeating the Lord's Name sixteen times.	(ਸਿਫ਼ਤ-ਸਾਲਾਹ ਦੀ ਬਰਕਤਿ ਨਾਲ ਹੀ) ਖੱਬੀ ਸੁਰ ਵਿਚ ਪ੍ਰਾਣ ਚੜ੍ਹ ਭੀ ਗਏ ਹਨ, ਸੁਖਮਨਾ ਵਿਚ ਅਟਕਾਏ ਭੀ ਗਏ ਹਨ, ਤੇ ਸੱਜੀ ਸੁਰ ਰਸਤੇ ਸੋਲਾਂ ਵਾਰੀ 'ਓਂ' ਆਖ ਕੇ (ਉਤਰ) ਭੀ ਆਏ ਹਨ (ਭਾਵ, ਪ੍ਰਾਣਾਯਾਮ ਦਾ ਸਾਰਾ ਉੱਦਮ ਸਿਫ਼ਤ-ਸਾਲਾਹ ਵਿਚ ਹੀ ਆ ਗਿਆ ਹੈ, ਸਿਫ਼ਤ-ਸਾਲਾਹ ਦੇ ਟਾਕਰੇ ਤੇ ਪ੍ਰਾਣ ਚਾੜ੍ਹਨ, ਟਿਕਾਣ ਅਤੇ ਉਤਾਰਨ ਵਾਲੇ ਸਾਧਨ ਪ੍ਰਾਣਾਯਾਮ ਦੀ ਲੋੜ ਹੀ ਨਹੀਂ ਰਹਿ ਗਈ)।
47501	1106	ਅਬਲ ਬਲੁ ਤੋੜਿਆ ਅਚਲ ਚਲੁ ਥਪਿਆ ਅਘੜੁ ਘੜਿਆ ਤਹਾ ਅਪਿਉ ਪੀਆ॥੧॥	ਅ-ਬਲ, ਅ-ਘੜੁ: ਪੋਲੇ ਬੋਲੋ। ਅ-ਚੱਲ। ਚੱਲੁ	Abal Bal Thorriaa Achal Chal Thhapiaa Agharr Gharriaa Thehaa Apio Peeaa ||1||	I am powerless; my power has been broken. My unstable mind has been stabliized, and my unadorned soul has been adorned. I drink in the Ambrosial Nectar. ||1||	(ਇਸ ਸਿਫ਼ਤ-ਸਾਲਾਹ ਦਾ ਸਦਕਾ) (ਵਿਕਾਰਾਂ ਵਿਚ ਪੈਣ ਕਰਕੇ) ਕਮਜ਼ੋਰ (ਹੋਏ) ਮਨ ਦਾ ('ਦੁਬਿਧਾ ਦ੍ਰਿਸਟਿ' ਵਾਲਾ) ਬਲ ਟੁੱਟ ਗਿਆ ਹੈ, ਅਮੋੜ ਮਨ ਦਾ ਚੰਚਲ ਸੁਭਾਉ ਰੁਕ ਗਿਆ ਹੈ, ਇਹ ਅਲ੍ਹੜ ਮਨ ਹੁਣ ਸੋਹਣੀ ਘਾੜਤ ਵਾਲਾ ਹੋ ਗਿਆ ਹੈ, ਇਥੇ ਅੱਪੜ ਕੇ ਇਸ ਨੇ ਨਾਮ-ਅੰਮ੍ਰਿਤ ਪੀ ਲਿਆ ਹੈ ॥੧॥

47502	1106	ਮਨ ਆਦਿ ਗੁਣ ਆਦਿ ਵਖਾਣਿਆ॥		Man Aadh Gun Aadh Vakhaaniaa ||	Within my mind, I chant the Name of the Primal Lord God, the Source of virtue.	ਹੇ ਮਨ! ਜਗਤ ਦੇ ਮੂਲ-ਪ੍ਰਭੂ ਦੀ ਸਿਫ਼ਤ-ਸਾਲਾਹ ਕੀਤਿਆਂ-
47503	1106	ਤੇਰੀ ਦੁਬਿਧਾ ਦ੍ਰਿਸਟਿ ਸੰਮਾਨਿਆ॥੧॥ਰਹਾਉ॥		Thaeree Dhubidhhaa Dhrisatt Sanmaaniaa ||1|| Rehaao ||	My vision, that You are I are separate, has melted away. ||1||Pause||	ਤੇਰਾ ਵਿਤਕਰੇ ਵਾਲਾ ਸੁਭਾਉ ਪੱਧਰਾ ਹੋ ਗਿਆ ਹੈ ॥੧॥ ਰਹਾਉ ॥
47504	1106	ਅਰਧਿ ਕਉ ਅਰਧਿਆ ਸਰਧਿ ਕਉ ਸਰਧਿਆ ਸਲਲ ਕਉ ਸਲਲਿ ਸੰਮਾਨਿ ਆਇਆ॥		Aradhh Ko Aradhhiaa Saradhh Ko Saradhhiaa Salal Ko Salal Sanmaan Aaeiaa ||	I worship the One who is worthy of being worshipped. I trust the One who is worthy of being trusted. Like water merging in water, I merge in the Lord.	ਜੈਦੇਉ ਆਖਦਾ ਹੈ ਕਿ ਜੇ ਆਰਾਧਣ-ਜੋਗ ਪ੍ਰਭੂ ਦੀ ਆਰਾਧਨਾ ਕਰੀਏ, ਜੇ ਸਰਧਾ-ਜੋਗ ਪ੍ਰਭੂ ਵਿਚ ਸਿਦਕ ਧਾਰੀਏ, ਤਾਂ ਉਸ ਨਾਲ ਇਕ-ਰੂਪ ਹੋ ਜਾਈਦਾ ਹੈ, ਜਿਵੇਂ ਪਾਣੀ ਨਾਲ ਪਾਣੀ।
47505	1106	ਬਦਤਿ ਜੈਦੇਉ ਜੈਦੇਵ ਕਉ ਰੰਮਿਆ ਬ੍ਰਹਮੁ ਨਿਰਬਾਣੁ ਲਿਵ ਲੀਣੁ ਪਾਇਆ॥੨॥੧॥		Badhath Jaidhaeo Jaidhaev Ko Ranmiaa Breham Nirabaan Liv Leen Paaeiaa ||2||1||	Says Jai Dayv, I meditate and contemplate the Luminous, Triumphant Lord. I am lovingly absorbed in the Nirvaanaa of God. ||2||1||	ਜੇਦੈਵ-ਪ੍ਰਭੂ ਦਾ ਸਿਮਰਨ ਕੀਤਿਆਂ ਉਹ ਵਾਸ਼ਨਾਂ-ਰਹਿਤ ਬੇ-ਪਰਵਾਹ ਪ੍ਰਭੂ ਮਿਲ ਪੈਂਦਾ ਹੈ ॥੨॥੧॥

47506	1106	ਕਬੀਰੁ॥ ਮਾਰੂ॥		Kabeer || Maaroo ||	Kabeer, Maaroo:	
47507	1106	ਰਾਮੁ ਸਿਮਰੁ ਪਛੁਤਾਹਿਗਾ ਮਨ॥		Raam Simar Pashhuthaahigaa Man ||	Meditate in remembrance on the Lord, or else you will regret it in the end, O mind.	ਹੇ ਮਨ! (ਹੁਣ ਹੀ ਵੇਲਾ ਹੈ) ਪ੍ਰਭੂ ਦਾ ਸਿਮਰਨ ਕਰ, (ਨਹੀਂ ਤਾਂ ਸਮਾ ਵਿਹਾ ਜਾਣ ਤੇ) ਅਫ਼ਸੋਸ ਕਰੇਂਗਾ।
47508	1106	ਪਾਪੀ ਜੀਅਰਾ ਲੋਭੁ ਕਰਤੁ ਹੈ ਆਜੁ ਕਾਲਿ ਉਠਿ ਜਾਹਿਗਾ ॥੧॥ਰਹਾਉ॥		Paapee Jeearaa Lobh Karath Hai Aaj Kaal Outh Jaahigaa ||1|| Rehaao ||	O sinful soul, you act in greed, but today or tomorrow, you will have to get up and leave. ||1||Pause||	ਵਿਕਾਰਾਂ ਵਿਚ ਫਸੀ ਹੋਈ ਤੇਰੀ ਕਮਜ਼ੋਰ ਜਿੰਦ (ਧਨ ਪਦਾਰਥ ਦਾ) ਲੋਭ ਕਰ ਰਹੀ ਹੈ, ਪਰ ਤੂੰ ਥੋੜੇ ਹੀ ਦਿਨਾਂ ਵਿਚ (ਇਹ ਸਭ ਕੁਝ ਛੱਡ ਕੇ ਇੱਥੋਂ) ਤੁਰ ਜਾਏਂਗਾ ॥੧॥ ਰਹਾਉ ॥
47509	1106	ਲਾਲਚ ਲਾਗੇ ਜਨਮੁ ਗਵਾਇਆ ਮਾਇਆ ਭਰਮ ਭੁਲਾਹਿਗਾ॥		Laalach Laagae Janam Gavaaeiaa Maaeiaa Bharam Bhulaahigaa ||	Clinging to greed, you have wasted your life, deluded in the doubt of Maya.	ਹੇ ਮਨ! ਤੂੰ ਲਾਲਚ ਵਿਚ ਫਸ ਕੇ ਜੀਵਨ ਅਜਾਈਂ ਗਵਾ ਰਿਹਾ ਹੈਂ, ਮਾਇਆ ਦੀ ਭਟਕਣਾ ਵਿਚ ਖੁੰਝਿਆ ਫਿਰਦਾ ਹੈਂ।
47510	1106	ਧਨ ਜੋਬਨ ਕਾ ਗਰਬੁ ਨ ਕੀਜੈ ਕਾਗਦ ਜਿਉ ਗਲਿ ਜਾਹਿਗਾ॥੧॥	ਗਲ਼ਿ	Dhhan Joban Kaa Garab N Keejai Kaagadh Jio Gal Jaahigaa ||1||	Do not take pride in your wealth and youth; you shall crumble apart like dry paper. ||1||	ਨਾਹ ਕਰ ਇਹ ਮਾਣ ਧਨ ਤੇ ਜੁਆਨੀ ਦਾ, (ਮੌਤ ਆਉਣ ਤੇ) ਕਾਗ਼ਜ਼ ਵਾਂਗ ਗਲ ਜਾਏਂਗਾ ॥੧॥

47511	1106	ਜਉ ਜਮੁ ਆਇ ਕੇਸ ਗਹਿ ਪਟਕੈ ਤਾ ਦਿਨ ਕਿਛੁ ਨ ਬਸਾਹਿਗਾ॥		Jo Jam Aae Kaes Gehi Pattakai Thaa Dhin Kishh N Basaahigaa ||	When the Messenger of Death comes and grabs you by the hair, and knocks you down, on that day, you shall be powerless.	ਹੇ ਮਨ! ਜਦੋਂ ਜਮ ਨੇ ਆ ਕੇ ਕੇਸਾਂ ਤੋਂ ਫੜ ਕੇ ਤੈਨੂੰ ਭੁੰਞੇ ਪਟਕਾਇਆ, ਤਦੋਂ ਤੇਰੀ (ਉਸ ਅੱਗੇ) ਕੋਈ ਪੇਸ਼ ਨਹੀਂ ਜਾਇਗੀ।
47512	1106	ਸਿਮਰਨੁ ਭਜਨੁ ਦਇਆ ਨਹੀ ਕੀਨੀ ਤਉ ਮੁਖਿ ਚੋਟਾ ਖਾਹਿਗਾ॥੨॥		Simaran Bhajan Dhaeiaa Nehee Keenee Tho Mukh Chottaa Khaahigaa ||2||	You do not remember the Lord, or vibrate upon Him in meditation, and you do not practice compassion; you shall be beaten on your face. ||2||	ਤੂੰ ਹੁਣ ਪ੍ਰਭੂ ਦਾ ਸਿਮਰਨ ਭਜਨ ਨਹੀਂ ਕਰਦਾ, ਤੂੰ ਦਇਆ ਨਹੀਂ ਪਾਲਦਾ, ਮਰਨ ਵੇਲੇ ਦੁਖੀ ਹੋਵੇਂਗਾ ॥੨॥
47513	1106	ਧਰਮਰਾਇ ਜਬ ਲੇਖਾ ਮਾਗੈ ਕਿਆ ਮੁਖੁ ਲੈ ਕੈ ਜਾਹਿਗਾ॥		Dhharam Raae Jab Laekhaa Maagai Kiaa Mukh Lai Kai Jaahigaa ||	When the Righteous Judge of Dharma calls for your account, what face will you show Him then?	ਹੇ ਮਨ! ਜਦੋਂ ਧਰਮਰਾਜ ਨੇ (ਤੈਥੋਂ ਜੀਵਨ ਵਿਚ ਕੀਤੇ ਕੰਮਾਂ ਦਾ) ਹਿਸਾਬ ਮੰਗਿਆ, ਤਾਂ ਕੀਹ ਮੂੰਹ ਲੈ ਕੇ ਉਸ ਦੇ ਸਾਹਮਣੇ ਹੋਵੇਂਗਾ?
47514	1106	ਕਹਤੁ ਕਬੀਰੁ ਸੁਨਹੁ ਰੇ ਸੰਤਹੁ ਸਾਧਸੰਗਤਿ ਤਰਿ ਜਾਂਹਿਗਾ॥੩॥੧॥		Kehath Kabeer Sunahu Rae Santhahu Saadhhasangath Thar Jaanhigaa ||3||1||	Says Kabeer, listen, O Saints: in the Saadh Sangat, the Company of the Holy, you shall be saved. ||3||1||	ਕਬੀਰ ਆਖਦਾ ਹੈ ਕਿ ਹੇ ਸੰਤ ਜਨੋ! ਸੁਣੋ, ਸਾਧ-ਸੰਗਤ ਵਿਚ ਰਹਿ ਕੇ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘੀਦਾ ਹੈ ॥੩॥੧॥

47515	1106	ਰਾਗੁ ਮਾਰੂ ਬਾਣੀ ਰਵਿਦਾਸ ਜੀਉ ਕੀ		Raag Maaroo Baanee Ravidhaas Jeeo Kee	Raag Maaroo, The Word Of Ravi Daas Jee:	ਰਾਗ ਮਾਰੂ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ।
47516	1106	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
47517	1106	ਐਸੀ ਲਾਲ ਤੁਝ ਬਿਨੁ ਕਉਨੁ ਕਰੈ॥		Aisee Laal Thujh Bin Koun Karai ||	O Love, who else but You could do such a thing?	ਹੇ ਸੋਹਣੇ ਪ੍ਰਭੂ! ਤੈਥੋਂ ਬਿਨਾ ਅਜਿਹੀ ਕਰਨੀ ਹੋਰ ਕੌਣ ਕਰ ਸਕਦਾ ਹੈ?
47518	1106	ਗਰੀਬ ਨਿਵਾਜੁ ਗੁਸਈਆ ਮੇਰਾ ਮਾਥੈ ਛਤ੍ਰੁ ਧਰੈ॥੧॥ਰਹਾਉ॥	ਗੁ-ਸਈਆ	Gareeb Nivaaj Guseeaa Maeraa Maathhai Shhathra Dhharai ||1|| Rehaao ||	O Patron of the poor, Lord of the World, You have put the canopy of Your Grace over my head. ||1||Pause||	ਮੇਰਾ ਪ੍ਰਭੂ ਗ਼ਰੀਬਾਂ ਨੂੰ ਮਾਣ ਦੇਣ ਵਾਲਾ ਹੈ, (ਗ਼ਰੀਬ ਦੇ) ਸਿਰ ਉੱਤੇ ਭੀ ਛੱਤਰ ਝੁਲਾ ਦੇਂਦਾ ਹੈ (ਭਾਵ, ਗ਼ਰੀਬ ਨੂੰ ਭੀ ਰਾਜਾ ਬਣਾ ਦੇਂਦਾ ਹੈ) ॥੧॥ ਰਹਾਉ ॥
47519	1106	ਜਾ ਕੀ ਛੋਤਿ ਜਗਤ ਕਉ ਲਾਗੈ ਤਾ ਪਰ ਤੁਹੀਂ ਢਰੈ॥		Jaa Kee Shhoth Jagath Ko Laagai Thaa Par Thuhanaee Dtarai ||	Only You can grant Mercy to that person whose touch pollutes the world.	(ਜਿਸ ਮਨੁੱਖ ਨੂੰ ਇਤਨਾ ਨੀਵਾਂ ਸਮਝਿਆ ਜਾਂਦਾ ਹੋਵੇ) ਕਿ ਉਸ ਦੀ ਭਿੱਟ ਸਾਰੇ ਸੰਸਾਰ ਨੂੰ ਲੱਗ ਜਾਏ (ਭਾਵ, ਜਿਸ ਮਨੁੱਖ ਦੇ ਛੋਹਣ ਨਾਲ ਹੋਰ ਸਾਰੇ ਲੋਕ ਆਪਣੇ ਆਪ ਨੂੰ ਭਿੱਟਿਆ ਗਿਆ ਸਮਝਣ ਲੱਗ ਪੈਣ) ਉਸ ਮਨੁੱਖ ਉੱਤੇ (ਹੇ ਪ੍ਰਭੂ!) ਤੂੰ ਹੀ ਕਿਰਪਾ ਕਰਦਾ ਹੈਂ।

47520	1106	ਨੀਚਹ ਊਚ ਕਰੈ ਮੇਰਾ ਗੋਬਿੰਦੁ ਕਾਹੂ ਤੇ ਨ ਡਰੈ॥੧॥		Neecheh Ooch Karai Maeraa Gobindh Kaahoo Thae N Ddarai ||1||	You exalt and elevate the lowly, O my Lord of the Universe; You are not afraid of anyone. ||1||	ਮੇਰਾ ਗੋਬਿੰਦ ਨੀਚ ਬੰਦਿਆਂ ਨੂੰ ਉੱਚੇ ਬਣਾ ਦੇਂਦਾ ਹੈ, ਉਹ ਕਿਸੇ ਤੋਂ ਡਰਦਾ ਨਹੀਂ ॥੧॥
47521	1106	ਨਾਮਦੇਵ ਕਬੀਰੁ ਤਿਲੋਚਨੁ ਸਧਨਾ ਸੈਨੁ ਤਰੈ॥		Naamadhaev Kabeer Thilochan Sadhhanaa Sain Tharai ||	Naam Dayv, Kabeer, Trilochan, Sadhana and Sain crossed over.	(ਪ੍ਰਭੂ ਦੀ ਕਿਰਪਾ ਨਾਲ ਹੀ) ਨਾਮਦੇਵ ਕਬੀਰ ਤ੍ਰਿਲੋਚਨ ਸਧਨਾ ਅਤੇ ਸੈਨ (ਆਦਿਕ ਭਗਤ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਗਏ।
47522	1106	ਕਹਿ ਰਵਿਦਾਸੁ ਸੁਨਹੁ ਰੇ ਸੰਤਹੁ ਹਰਿ ਜੀਉ ਤੇ ਸਭੈ ਸਰੈ॥੨॥੧॥		Kehi Ravidhaas Sunahu Rae Santhahu Har Jeeo Thae Sabhai Sarai ||2||1||	Says Ravi Daas, listen, O Saints, through the Dear Lord, all is accomplished. ||2||1||	ਰਵਿਦਾਸ ਆਖਦਾ ਹੈ ਕਿ ਹੇ ਸੰਤ ਜਨੋ! ਸੁਣੋ, ਪ੍ਰਭੂ ਸਭ ਕੁਝ ਕਰਨ ਦੇ ਸਮਰੱਥ ਹੈ ॥੨॥੧॥
47523	1106	ਮਾਰੂ॥		Maaroo ||	Maaroo:	
47524	1106	ਸੁਖਸਾਗਰ ਸੁਰਿਤਰੁ ਚਿੰਤਾਮਨਿ ਕਾਮਧੈਨ ਬਸਿ ਜਾ ਕੇ ਰੇ॥	ਸੁਰਿ-ਤਰੁ। ਚਿੰਤਾ-ਮਨਿ। ਬੱਸਿ	Sukh Saagar Surithar Chinthaaman Kaamadhhaen Bas Jaa Kae Rae ||	The Lord is the ocean of peace; the miraculous tree of life, the jewel of miracles and the wish-fulfilling cow are all under His power.	(ਹੇ ਪੰਡਿਤ) ਜੋ ਪ੍ਰਭੂ ਸੁਖਾਂ ਦਾ ਸਮੁੰਦਰ ਹੈ, ਜਿਸ ਪ੍ਰਭੂ ਦੇ ਵੱਸ ਵਿਚ ਸੁਰਗ ਦੇ ਪੰਜ ਰੁੱਖ, ਚਿੰਤਾਮਣਿ ਅਤੇ ਕਾਮਧੇਨ ਹਨ;

47525	1106	ਚਾਰਿ ਪਦਾਰਥ ਅਸਟ ਮਹਾ ਸਿਧਿ ਨਵ ਨਿਧਿ ਕਰ ਤਲ ਤਾ ਕੈ॥੧॥	ਤਲ: ਪੋਲਾ ਬੋਲੋ	Chaar Padhaarathh Asatt Mehaa Sidhh Nav Nidhh Kar Thal Thaa Kai ||1||	The four great blessings, the eight great miraculous spiritual powers and the nine treasures are in the palm of His hand. ||1||	ਧਰਮ ਅਰਥ ਕਾਮ ਮੋਖ ਚਾਰੇ ਪਦਾਰਥ, ਅੱਠ ਵੱਡੀਆਂ ਅਤੇ ਨੌ ਨਿਧੀਆਂ ਇਹ ਸਭ ਉਸੇ ਦੇ ਹੱਥਾਂ ਦੀਆਂ ਤਲੀਆਂ ਉਤੇ ਹਨ ॥੧॥
47526	1106	ਹਰਿ ਹਰਿ ਹਰਿ ਨ ਜਪਸਿ ਰਸਨਾ॥		Har Har Har N Japas Rasanaa ||	Why don't you chant the Lord's Name, Har, Har, Har?	(ਹੇ ਪੰਡਿਤ!) ਤੂੰ ਇਕ ਪਰਮਾਤਮਾ ਦਾ ਨਾਮ ਕਿਉਂ ਨਹੀਂ ਜਪਦਾ?
47527	1106	ਅਵਰ ਸਭ ਛਾਡਿ ਬਚਨ ਰਚਨਾ॥੧॥ਰਹਾਉ॥		Avar Sabh Shhaadd Bachan Rachanaa ||1|| Rehaao ||	Abandon all other devices of words. ||1||Pause||	ਹੋਰ ਸਭ ਫੋਕੀਆਂ ਗੱਲਾਂ ਛੱਡ ਕੇ (ਆਪਣੀ) ਜੀਭ ਨਾਲ ਸਦਾ ਪਰਮਾਤਮਾ ਦਾ ਨਾਮ ਜਪ ॥੧॥ ਰਹਾਉ ॥
47528	1106	ਨਾਨਾ ਖਿਆਨ ਪੁਰਾਨ ਬੇਦ ਬਿਧਿ ਚਉਤੀਸ ਅਛਰ ਮਾਹੀ॥		Naanaa Khiaan Puraan Baedh Bidhh Chouthees Ashhar Maahee ||	The many epics, the Puraanas and the Vedas are all composed out of the letters of the alphabet.	(ਹੇ ਪੰਡਿਤ!) ਪੁਰਾਣਾਂ ਦੇ ਅਨੇਕਾਂ ਕਿਸਮਾਂ ਦੇ ਪ੍ਰਸੰਗ, ਵੇਦਾਂ ਦੀਆਂ ਦੱਸੀਆਂ ਹੋਈਆਂ ਵਿਧੀਆਂ ਇਹ ਸਭ ਵਾਕ-ਰਚਨਾ ਹੀ ਹਨ (ਅਨੁਭਵੀ ਗਿਆਨ ਨਹੀਂ ਹੈ ਜੋ ਪ੍ਰਭੂ ਦੇ ਚਰਨਾਂ ਵਿਚ ਜੁੜਿਆਂ ਹਿਰਦੇ ਵਿਚ ਪੈਦਾ ਹੁੰਦਾ ਹੈ)।

47529	1106	ਬਿਆਸ ਬੀਚਾਰਿ ਕਹਿਓ ਪਰਮਾਰਥੁ ਰਾਮ ਨਾਮ ਸਰਿ ਨਾਹੀ॥੨॥		Biaas Beechaar Kehiou Paramaarathh Raam Naam Sar Naahee ||2||	After careful thought, Vyaasa spoke the supreme truth, that there is nothing equal to the Lord's Name. ||2||	(ਹੇ ਪੰਡਿਤ! ਵੇਦਾਂ ਦੇ ਖੋਜੀ) ਵਿਆਸ ਰਿਸ਼ੀ ਨੇ ਸੋਚ ਵਿਚਾਰ ਕੇ ਇਹੀ ਪਰਮ ਤੱਤ ਦੱਸਿਆ ਹੈ ਕਿ ਇਹਨਾਂ ਪੁਸਤਕਾਂ ਦੇ ਪਾਠ ਆਦਿਕ) ਪਰਮਾਤਮਾ ਦੇ ਨਾਮ ਦਾ ਸਿਮਰਨ ਕਰਨ ਦੀ ਬਰਾਬਰੀ ਨਹੀਂ ਕਰ ਸਕਦੇ ॥੨॥
47530	1106	ਸਹਜ ਸਮਾਧਿ ਉਪਾਧਿ ਰਹਤ ਹੋਇ ਬਡੇਭਾਗਿ ਲਿਵ ਲਾਗੀ॥		Sehaj Samaadhh Oupaadhh Rehath Hoe Baddae Bhaag Liv Laagee ||	In intuitive Samaadhi, their troubles are eliminated; the very fortunate ones lovingly focus on the Lord.	(ਹੇ ਪੰਡਿਤ!) ਵੱਡੀ ਕਿਸਮਤ ਨਾਲ ਜਿਸ ਮਨੁੱਖ ਦੀ ਸੁਰਤ ਪ੍ਰਭੂ-ਚਰਨਾਂ ਵਿਚ ਜੁੜਦੀ ਹੈ, ਉਸ ਦਾ ਮਨ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਕੋਈ ਵਿਕਾਰ ਉਸ ਵਿਚ ਨਹੀਂ ਉਠਦਾ।
47531	1106	ਕਹਿ ਰਵਿਦਾਸ ਉਦਾਸ ਦਾਸ ਮਤਿ ਜਨਮ ਮਰਨ ਭੈ ਭਾਗੀ॥੩॥੨॥੧੫॥		Kehi Ravidhaas Oudhaas Dhaas Math Janam Maran Bhai Bhaagee ||3||2||15||	Says Ravi Daas, the Lord's slave remains detached from the world; the fear of birth and death runs away from his mind. ||3||2||15||	ਰਵਿਦਾਸ ਆਖਦਾ ਹੈ ਉਸ ਸੇਵਕ ਦੀ ਮੱਤ (ਮਾਇਆ ਵਲੋਂ) ਨਿਰਮੋਹ ਰਹਿੰਦੀ ਹੈ, ਤੇ, ਜਨਮ ਮਰਨ (ਭਾਵ, ਸਾਰੀ ਉਮਰ) ਦੇ ਉਸ ਦੇ ਡਰ ਨਾਸ ਹੋ ਜਾਂਦੇ ਹਨ ॥੩॥੨॥੧੫॥
47532	1107	ਤੁਖਾਰੀ ਛੰਤ ਮਹਲਾ ੧ ਬਾਰਹ ਮਾਹਾ		Thukhaaree Shhanth Mehalaa 1 Baareh Maahaa	Tukhaari Chhant, First Mehl, Baarah Maahaa ~ The Twelve Months:	ਰਾਗ ਤੁਖਾਰੀ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ 'ਬਾਰਹ ਮਾਹਾ ਛੰਤ'।

47533	1107	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
47534	1107	ਤੂ ਸੁਣਿ ਕਿਰਤ ਕਰੰਮਾ ਪੁਰਬਿ ਕਮਾਇਆ॥		Thoo Sun Kirath Karanmaa Purab Kamaaeiaa ||	Listen: according to the karma of their past actions,	ਹੇ ਹਰੀ! (ਮੇਰੀ ਬੇਨਤੀ) ਸੁਣ। ਪੂਰਬਲੇ ਕਮਾਏ ਕੀਤੇ ਕਰਮਾਂ ਅਨੁਸਾਰ-
47535	1107	ਸਿਰਿ ਸਿਰਿ ਸੁਖ ਸਹੰਮਾ ਦੇਹਿ ਸੁ ਤੂ ਭਲਾ॥		Sir Sir Sukh Sehanmaa Dhaehi S Thoo Bhalaa ||	Each and every person experiences happiness or sorrow; whatever You give, Lord, is good.	ਹਰੇਕ ਜੀਵ ਦੇ ਸਿਰ ਉਤੇ ਜੋ ਸੁਖ ਤੇ ਦੁੱਖ (ਝੱਲਣ ਲਈ) ਤੂੰ ਦੇਂਦਾ ਹੈਂ ਉਹੀ ਠੀਕ ਹੈ।
47536	1107	ਹਰਿ ਰਚਨਾ ਤੇਰੀ ਕਿਆ ਗਤਿ ਮੇਰੀ ਹਰਿ ਬਿਨੁ ਘੜੀ ਨ ਜੀਵਾ॥		Har Rachanaa Thaeree Kiaa Gath Maeree Har Bin Gharree N Jeevaa ||	O Lord, the Created Universe is Yours; what is my condition? Without the Lord, I cannot survive, even for an instant.	ਹੇ ਹਰੀ! ਮੈਂ ਤੇਰੀ ਰਚੀ ਮਾਇਆ ਵਿਚ (ਰੁੱਝਾ ਪਿਆ) ਹਾਂ। ਮੇਰਾ ਕੀਹ ਹਾਲ ਹੋਵੇਗਾ? ਤੈਥੋਂ ਬਿਨਾ (ਤੇਰੀ ਯਾਦ ਤੋਂ ਬਿਨਾ) ਇਕ ਘੜੀ ਭੀ ਜੀਊਣਾ ਇਹ ਕੇਹੀ ਜ਼ਿੰਦਗੀ ਹੈ?
47537	1107	ਪ੍ਰਿਅ ਬਾਝੁ ਦੁਹੇਲੀ ਕੋਇ ਨ ਬੇਲੀ ਗੁਰਮੁਖਿ ਅੰਮ੍ਰਿਤੁ ਪੀਵਾਂ॥		Pria Baajh Dhuhaelee Koe N Baelee Guramukh Anmrith Peevaan ||	Without my Beloved, I am miserable; I have no friend at all. As Gurmukh, I drink in the Ambrosial Nectar.	ਹੇ ਪਿਆਰੇ! ਤੇਰੇ ਬਿਨਾ ਮੈਂ ਦੁੱਖੀ ਹਾਂ, (ਇਸ ਦੁੱਖ ਵਿਚੋਂ ਕੱਢਣ ਵਾਸਤੇ) ਕੋਈ ਮਦਦਗਾਰ ਨਹੀਂ ਹੈ। (ਮੇਹਰ ਕਰ ਕਿ) ਗੁਰੂ ਦੀ ਸਰਨ ਪੈ ਕੇ ਮੈਂ ਤੇਰਾ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਰਹਾਂ।

47538	1107	ਰਚਨਾ ਰਾਚਿ ਰਹੇ ਨਿਰੰਕਾਰੀ ਪ੍ਰਭ ਮਨਿ ਕਰਮ ਸੁਕਰਮਾ॥	ਪ੍ਰਮੇਸ਼ਰ ਜੀ ਅਪਨੇ ਸੇਵਕ ਜੀ ਦੇ ਸਮਾਨ ਕਰਮਾਂ ਨੂੰ (ਸੁਕਰਮਾ) ਸ੍ਰੇਸ਼ਟ ਕਰਮ ਮੰਨਦੇ ਹਨ। ਸੁ-ਕਰਮਾ	Rachanaa Raach Rehae Nirankaaree Prabh Man Karam Sukaramaa ||	The Formless Lord is contained in His Creation. To obey God is the best course of action.	ਅਸੀਂ ਜੀਵ ਨਿਰੰਕਾਰ ਦੀ ਰਚੀ ਮਾਇਆ ਵਿਚ ਹੀ ਫਸੇ ਪਏ ਹਾਂ (ਇਹ ਕਾਹਦਾ ਜੀਵਨ ਹੈ?), ਪ੍ਰਭੂ ਨੂੰ ਮਨ ਵਿਚ ਵਸਾਣਾ ਹੀ ਸਭ ਕੰਮਾਂ ਤੋਂ ਸ੍ਰੇਸ਼ਟ ਕੰਮ ਹੈ (ਇਹੀ ਹੈ ਮਨੁੱਖ ਵਾਸਤੇ ਜੀਵਨ-ਮਨੋਰਥ)।
47539	1107	ਨਾਨਕ ਪੰਥੁ ਨਿਹਾਲੇ ਸਾ ਧਨ ਤੂ ਸੁਣਿ ਆਤਮ ਰਾਮਾ॥੧॥		Naanak Panthh Nihaalae Saa Dhhan Thoo Sun Aatham Raamaa ||1||	O Nanak, the soul-bride is gazing upon Your Path; please listen, O Supreme Soul. ||1||	ਹੇ ਨਾਨਕ! ਹੇ ਸਰਬ ਵਿਆਪਕ ਪਰਮਾਤਮਾ! ਤੂੰ (ਜੀਵ-ਇਸਤ੍ਰੀ ਦੀ ਅਰਜ਼ੋਈ) ਸੁਣ (ਤੇ ਉਸ ਨੂੰ ਆਪਣਾ ਦਰਸਨ ਦੇਹ), ਜੀਵ-ਇਸਤ੍ਰੀ ਤੇਰਾ ਰਾਹ ਤੱਕ ਰਹੀ ਹੈ ॥੧॥
47540	1107	ਬਾਬੀਹਾ ਪ੍ਰਿਉ ਬੋਲੇ ਕੋਕਿਲ ਬਾਣੀਆ॥		Baabeehaa Prio Bolae Kokil Baaneeaa ||	The rainbird cries out, "Pri-o! Beloved!", and the song-bird sings the Lord's Bani.	(ਜਿਵੇਂ) ਪਪੀਹਾ 'ਪ੍ਰਿਉ ਪ੍ਰਿਉ' ਬੋਲਦਾ ਹੈ ਜਿਵੇਂ ਕੋਇਲ ('ਕੂ ਕੂ' ਦੀ ਮਿੱਠੀ) ਬੋਲੀ ਬੋਲਦੀ ਹੈ,
47541	1107	ਸਾ ਧਨ ਸਭਿ ਰਸ ਚੋਲੈ ਅੰਕਿ ਸਮਾਣੀਆ॥	ਬੁੱਧ ਰੂਪੀ (ਚੋਲੈ) ਝੋਲ਼ੀ ਚ । (ਅੰਕਿ)ਪ੍ਰੇਮ ਚ	Saa Dhhan Sabh Ras Cholai Ank Samaaneeaa ||	The soul-bride enjoys all the pleasures, and merges in the Being of her Beloved.	(ਤਿਵੇਂ ਜੇਹੜੀ ਜੀਵ-ਇਸਤ੍ਰੀ ਵੈਰਾਗ ਵਿਚ ਆ ਕੇ ਮਿੱਠੀ ਸੁਰ ਨਾਲ ਪ੍ਰਭੂ-ਪਤੀ ਨੂੰ ਯਾਦ ਕਰਦੀ ਹੈ, ਉਹ) ਜੀਵ-ਇਸਤ੍ਰੀ (ਪ੍ਰਭੂ-ਮਿਲਾਪ ਦੇ) ਸਾਰੇ ਆਨੰਦ ਮਾਣਦੀ ਹੈ, ਤੇ ਉਸ ਦੇ ਚਰਨਾਂ ਵਿਚ ਟਿਕੀ ਰਹਿੰਦੀ ਹੈ।

47542	1107	ਹਰਿ ਅੰਕਿ ਸਮਾਣੀ ਜਾ ਪ੍ਰਭ ਭਾਣੀ ਸਾ ਸੋਹਾਗਣਿ ਨਾਰੇ॥		Har Ank Samaanee Jaa Prabh Bhaanee Saa Sohaagan Naarae ||	She merges into the Being of her Beloved, when she becomes pleasing to God; she is the happy, blessed soul-bride.	ਜਦੋਂ ਉਹ ਪ੍ਰਭੂ ਨੂੰ ਚੰਗੀ ਲੱਗ ਪੈਂਦੀ ਹੈ, (ਤਾਂ ਉਸ ਦੀ ਮਿਹਰ ਨਾਲ) ਉਸ ਦੇ ਚਰਨਾਂ ਵਿਚ ਜੁੜੀ ਰਹਿੰਦੀ ਹੈ, ਉਹੀ ਜੀਵ-ਇਸਤ੍ਰੀ ਚੰਗੇ ਭਾਗਾਂ ਵਾਲੀ ਹੈ।
47543	1107	ਨਵ ਘਰ ਥਾਪਿ ਮਹਲ ਘਰੁ ਊਚਉ ਨਿਜ ਘਰਿ ਵਾਸੁ ਮੁਰਾਰੇ॥		Nav Ghar Thhaap Mehal Ghar Oocho Nij Ghar Vaas Muraarae ||	Establishing the nine houses, and the Royal Mansion of the Tenth Gate above them, the Lord dwells in that home deep within the self.	ਉਹ ਆਪਣੇ ਸਰੀਰ ਨੂੰ (ਸਰੀਰਕ ਇੰਦ੍ਰਿਆਂ ਨੂੰ) ਜੁਗਤੀ ਵਿਚ ਰੱਖ ਕੇ ਪ੍ਰਭੂ ਦੇ ਆਪਣੇ ਸਰੂਪ ਵਿਚ ਟਿਕ ਜਾਂਦੀ ਹੈ, ਤੇ (ਮਾਇਕ ਪਦਾਰਥਾਂ ਦੇ ਮੋਹ ਤੋਂ ਉੱਠ ਕੇ) ਪ੍ਰਭੂ ਦਾ ਉੱਚਾ ਟਿਕਾਣਾ ਮੱਲ ਲੈਂਦੀ ਹੈ।
47544	1107	ਸਭ ਤੇਰੀ ਤੂ ਮੇਰਾ ਪ੍ਰੀਤਮੁ ਨਿਸਿ ਬਾਸੁਰ ਰੰਗਿ ਰਾਵੈ॥		Sabh Thaeree Thoo Maeraa Preetham Nis Baasur Rang Raavai ||	All are Yours, You are my Beloved; night and day, I celebrate Your Love.	ਉਹ ਜੀਵ-ਇਸਤ੍ਰੀ ਪ੍ਰਭੂ ਦੇ ਪਿਆਰ ਵਿਚ ਰੰਗੀਜ ਕੇ ਦਿਨ ਰਾਤ ਉਸ ਨੂੰ ਸਿਮਰਦੀ ਹੈ, ਤੇ ਆਖਦੀ ਹੈ-ਇਹ ਸਾਰੀ ਸ੍ਰਿਸ਼ਟੀ ਤੇਰੀ ਰਚੀ ਹੋਈ ਹੈ, ਤੂੰ ਹੀ ਮੇਰਾ ਪਿਆਰਾ ਖਸਮ-ਸਾਈਂ ਹੈਂ।
47545	1107	ਨਾਨਕ ਪ੍ਰਿਉ ਪ੍ਰਿਉ ਚਵੈ ਬਬੀਹਾ ਕੋਕਿਲ ਸਬਦਿ ਸੁਹਾਵੈ॥੨॥		Naanak Prio Prio Chavai Babeehaa Kokil Sabadh Suhaavai ||2||	O Nanak, the rainbird cries out, ""Pri-o! Pri-o! Beloved! Beloved!"" The song-bird is embellished with the Word of the Shabad. ||2||	ਹੇ ਨਾਨਕ! ਜਿਵੇਂ ਪਪੀਹਾ ਪ੍ਰਿਉ ਪ੍ਰਿਉ ਬੋਲਦਾ ਹੈ ਜਿਵੇਂ ਕੋਇਲ ਮਿੱਠਾ ਬੋਲ ਬੋਲਦੀ ਹੈ, ਤਿਵੇਂ ਉਹ ਜੀਵ-ਇਸਤ੍ਰੀ ਗੁਰ-ਸ਼ਬਦ ਦੀ ਰਾਹੀਂ (ਪ੍ਰਭੂ ਦੀ ਸਿਫ਼ਤ-ਸਾਲਾਹ ਕਰ ਕੇ) ਸੋਹਣੀ ਲੱਗਦੀ ਹੈ ॥੨॥

47546	1107	ਤੂ ਸੁਣਿ ਹਰਿ ਰਸ ਭਿੰਨੇ ਪ੍ਰੀਤਮ ਆਪਣੇ॥		Thoo Sun Har Ras Bhinnae Preetham Aapanae ||	Please listen, O my Beloved Lord - I am drenched with Your Love.	ਹੇ ਮੇਰੇ ਪ੍ਰੀਤਮ! ਹੇ ਰਸ-ਭਿੰਨੇ ਹਰੀ! ਤੂੰ (ਮੇਰੀ ਅਰਜ਼ੋਈ) ਸੁਣ,
47547	1107	ਮਨਿ ਤਨਿ ਰਵਤ ਰਵੰਨੇ ਘੜੀ ਨ ਬੀਸਰੈ॥		Man Than Ravath Ravannae Gharree N Beesarai ||	My mind and body are absorbed in dwelling on You; I cannot forget You, even for an instant.	ਹੇ ਮੇਰੇ ਮਨ ਤਨ ਵਿਚ ਰਮੇ ਹੋਏ ਪ੍ਰਭੂ! (ਮੇਰਾ ਮਨ ਤੈਨੂੰ) ਇਕ ਘੜੀ ਵਾਸਤੇ ਭੀ ਭੁਲਾ ਨਹੀਂ ਸਕਦਾ।
47548	1107	ਕਿਉ ਘੜੀ ਬਿਸਾਰੀ ਹਉ ਬਲਿਹਾਰੀ ਹਉ ਜੀਵਾ ਗੁਣ ਗਾਏ॥		Kio Gharree Bisaaree Ho Balihaaree Ho Jeevaa Gun Gaaeae ||	How could I forget You, even for an instant? I am a sacrifice to You; singing Your Glorious Praises, I live.	ਮੈਂ ਇਕ ਘੜੀ ਭਰ ਭੀ ਤੈਨੂੰ ਵਿਸਾਰ ਨਹੀਂ ਸਕਦਾ, ਮੈਂ ਤੈਥੋਂ (ਸਦਾ) ਸਦਕੇ ਹਾਂ, ਤੇਰੀ ਸਿਫ਼ਤ-ਸਾਲਾਹ ਕਰ ਕਰ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ।
47549	1107	ਨਾ ਕੋਈ ਮੇਰਾ ਹਉ ਕਿਸੁ ਕੇਰਾ ਹਰਿ ਬਿਨੁ ਰਹਣੁ ਨ ਜਾਏ॥		Naa Koee Maeraa Ho Kis Kaeraa Har Bin Rehan N Jaaeae ||	No one is mine; unto whom do I belong? Without the Lord, I cannot survive.	(ਪਰਮਾਤਮਾ ਤੋਂ ਬਿਨਾ ਤੋੜ ਨਿਭਣ ਵਾਲਾ) ਨਾ ਕੋਈ ਮੇਰਾ (ਸਦਾ ਦਾ) ਸਾਥੀ ਹੈ ਨਾਹ ਹੀ ਮੈਂ ਕਿਸੇ ਦਾ (ਸਦਾ ਦਾ) ਸਾਥੀ ਹਾਂ, ਪਰਮਾਤਮਾ ਦੀ ਯਾਦ ਤੋਂ ਬਿਨਾ ਮੇਰਾ ਮਨ ਧੀਰਜ ਨਹੀਂ ਫੜਦਾ।
47550	1107	ਓਟ ਗਹੀ ਹਰਿ ਚਰਣ ਨਿਵਾਸੇ ਭਏ ਪਵਿਤ੍ਰ ਸਰੀਰਾ॥		Outt Gehee Har Charan Nivaasae Bheae Pavithr Sareeraa ||	I have grasped the Support of the Lord's Feet; dwelling there, my body has become immaculate.	ਜਿਸ ਮਨੁੱਖ ਨੇ ਪਰਮਾਤਮਾ ਦਾ ਆਸਰਾ ਲਿਆ ਹੈ, ਜਿਸ ਦੇ ਹਿਰਦੇ ਵਿਚ ਪ੍ਰਭੂ ਦੇ ਚਰਨ ਵੱਸ ਪਏ ਹਨ, ਉਸ ਦਾ ਸਰੀਰ ਪਵਿੱਤ੍ਰ ਹੋ ਜਾਂਦਾ ਹੈ।

47551	1107	ਨਾਨਕ ਦ੍ਰਿਸਟਿ ਦੀਰਘ ਸੁਖੁ ਪਾਵੈ ਗੁਰ ਸਬਦੀ ਮਨੁ ਧੀਰਾ॥੩॥		Naanak Dhrisatt Dheeragh Sukh Paavai Gur Sabadhee Man Dhheeraa ||3||	O Nanak, I have obtained profound insight, and found peace; my mind is comforted by the Word of the Guru's Shabad. ||3||	ਹੇ ਨਾਨਕ! ਉਹ ਮਨੁੱਖ ਲੰਮੇ ਜਿਗਰੇ ਵਾਲਾ ਹੋ ਜਾਂਦਾ ਹੈ, ਉਹ ਆਤਮਕ ਆਨੰਦ ਮਾਣਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦਾ ਮਨ ਧੀਰਜ ਵਾਲਾ ਬਣ ਜਾਂਦਾ ਹੈ ॥੩॥
47552	1107	ਬਰਸੈ ਅੰਮ੍ਰਿਤਧਾਰ ਬੂੰਦ ਸੁਹਾਵਣੀ॥		Barasai Anmrith Dhhaar Boondh Suhaavanee ||	The Ambrosial Nectar rains down on us! Its drops are so delightful!	(ਜਿਸ ਜੀਵ-ਇਸਤ੍ਰੀ ਦੇ ਹਿਰਦੇ-ਘਰ ਵਿਚ), ਪ੍ਰਭੂ ਦੀ ਸਿਫ਼ਤ-ਸਾਲਾਹ ਦੀਆਂ ਸੁਹਾਵਣੀਆਂ ਬੂੰਦਾਂ ਦੀ ਧਾਰ ਵਰ੍ਹਦੀ ਹੈ,
47553	1107	ਸਾਜਨ ਮਿਲੇ ਸਹਜਿ ਸੁਭਾਇ ਹਰਿ ਸਿਉ ਪ੍ਰੀਤਿ ਬਣੀ॥		Saajan Milae Sehaj Subhaae Har Sio Preeth Banee ||	Meeting the Guru, the Best Friend, with intuitive ease, the mortal falls in love with the Lord.	ਉਸ ਅਡੋਲ ਅਵਸਥਾ ਵਿਚ ਟਿਕੀ ਹੋਈ ਨੂੰ ਪ੍ਰੇਮ ਵਿਚ ਟਿਕੀ ਹੋਈ ਨੂੰ ਸੱਜਣ ਪ੍ਰਭੂ ਆ ਮਿਲਦਾ ਹੈ, ਪ੍ਰਭੂ ਨਾਲ ਉਸ ਦੀ ਪ੍ਰੀਤ ਬਣ ਜਾਂਦੀ ਹੈ।
47554	1107	ਹਰਿਮੰਦਰਿ ਆਵੈ ਜਾ ਪ੍ਰਭ ਭਾਵੈ ਧਨ ਊਭੀ ਗੁਣ ਸਾਰੀ॥		Har Mandhar Aavai Jaa Prabh Bhaavai Dhhan Oobhee Gun Saaree ||	The Lord comes into the temple of the body, when it pleases God's Will; the soul-bride rises up, and sings His Glorious Praises.	(ਉਸ ਜੀਵ-ਇਸਤ੍ਰੀ ਦਾ ਹਿਰਦਾ ਪ੍ਰਭੂ-ਦੇਵ ਦੇ ਟਿਕਣ ਲਈ ਮੰਦਰ ਬਣ ਜਾਂਦਾ ਹੈ) ਜਦੋਂ ਪ੍ਰਭੂ ਨੂੰ ਚੰਗਾ ਲੱਗਦਾ ਹੈ, ਉਹ ਉਸ ਜੀਵ-ਇਸਤ੍ਰੀ ਦੇ ਹਿਰਦੇ-ਮੰਦਰ ਵਿਚ ਆ ਟਿਕਦਾ ਹੈ, ਉਹ ਜੀਵ-ਇਸਤ੍ਰੀ ਉਤਾਵਲੀ ਹੋ ਹੋ ਕੇ ਉਸ ਦੇ ਗੁਣ ਗਾਂਦੀ ਹੈ,

47555	1107	ਘਰਿ ਘਰਿ ਕੰਤੁ ਰਵੈ ਸੋਹਾਗਣਿ ਹਉ ਕਿਉ ਕੰਤਿ ਵਿਸਾਰੀ॥		Ghar Ghar Kanth Ravai Sohaagan Ho Kio Kanth Visaaree ||	In each and every home, the Husband Lord ravishes and enjoys the happy soul-brides; so why has He forgotten me?	(ਤੇ ਆਖਦੀ ਹੈ-) ਹਰੇਕ ਭਾਗਾਂ ਵਾਲੀ ਦੇ ਹਿਰਦੇ-ਘਰ ਵਿਚ ਪ੍ਰਭੂ-ਪਤੀ ਰਲੀਆਂ ਮਾਣਦਾ ਹੈ, ਪ੍ਰਭੂ-ਪਤੀ ਨੇ ਮੈਨੂੰ ਕਿਉਂ ਭੁਲਾ ਦਿੱਤਾ ਹੈ?
47556	1107	ਉਨਵਿ ਘਨ ਛਾਏ ਬਰਸੁ ਸੁਭਾਏ ਮਨਿ ਤਨਿ ਪ੍ਰੇਮੁ ਸੁਖਾਵੈ॥	ਉਨ-ਵਿ	Ounav Ghan Shhaaeae Baras Subhaaeae Man Than Praem Sukhaavai ||	The sky is overcast with heavy, low-hanging clouds; the rain is delightful, and my Beloved's Love is pleasing to my mind and body.	(ਉਹ ਤਰਲੇ ਲੈ ਲੈ ਕੇ ਗੁਰੂ ਅੱਗੇ ਇਉਂ ਅਰਦਾਸ ਕਰਦੀ ਹੈ-) ਹੇ ਲਿਫ਼ ਕੇ ਘਟ ਬੰਨ੍ਹ ਕੇ ਆਏ ਬੱਦਲ! ਪ੍ਰੇਮ ਨਾਲ ਵਰ੍ਹ (ਹੇ ਤਰਸ ਕਰ ਕੇ ਆਏ ਗੁਰੂ ਪਾਤਿਸ਼ਾਹ! ਪ੍ਰੇਮ ਨਾਲ ਮੇਰੇ ਅੰਦਰ ਸਿਫ਼ਤ-ਸਾਲਾਹ ਦੀ ਵਰਖਾ ਕਰ), ਪ੍ਰਭੂ ਦਾ ਪਿਆਰ ਮੇਰੇ ਮਨ ਵਿਚ, ਮੇਰੇ ਤਨ ਵਿਚ ਆਨੰਦ ਪੈਦਾ ਕਰਦਾ ਹੈ।
47557	1107	ਨਾਨਕ ਵਰਸੈ ਅੰਮ੍ਰਿਤ ਬਾਣੀ ਕਰਿ ਕਿਰਪਾ ਘਰਿ ਆਵੈ॥੪॥		Naanak Varasai Anmrith Baanee Kar Kirapaa Ghar Aavai ||4||	O Nanak, the Ambrosial Nectar of Gurbani rains down; the Lord, in His Grace, has come into the home of my heart. ||4||	ਹੇ ਨਾਨਕ! ਜਿਸ (ਸੁਭਾਗ) ਹਿਰਦੇ-ਘਰ ਵਿਚ ਸਿਫ਼ਤ-ਸਾਲਾਹ ਦੀ ਬਾਣੀ ਦੀ ਵਰਖਾ ਹੁੰਦੀ ਹੈ, ਪ੍ਰਭੂ ਕਿਰਪਾ ਧਾਰ ਕੇ ਆਪ ਉਥੇ ਆ ਟਿਕਦਾ ਹੈ ॥੪॥

47558	1107	ਚੇਤੁ ਬਸੰਤੁ ਭਲਾ ਭਵਰ ਸੁਹਾਵੜੇ॥		Chaeth Basanth Bhalaa Bhavar Suhaavarrae ||	In the month of Chayt, the lovely spring has come, and the bumble bees hum with joy.	ਚੇਤ (ਦਾ ਮਹੀਨਾ) ਚੰਗਾ ਲੱਗਦਾ ਹੈ, (ਚੇਤ ਵਿਚ) ਬਸੰਤ (ਦਾ ਮੌਸਮ ਭੀ) ਪਿਆਰਾ ਲੱਗਦਾ ਹੈ, ਤੇ (ਫੁੱਲਾਂ ਉਤੇ ਬੈਠੇ ਹੋਏ) ਭਵਰ ਸੋਹਣੇ ਲੱਗਦੇ ਹਨ।
47559	1108	ਬਨ ਫੂਲੇ ਮੰਝ ਬਾਰਿ ਮੈ ਪਿਰੁ ਘਰਿ ਬਾਹੁੜੈ॥		Ban Foolae Manjh Baar Mai Pir Ghar Baahurrai ||	The forest is blossoming in front of my door; if only my Beloved would return to my home!	(ਇਸ ਮਹੀਨੇ) ਖੁਲ੍ਹੀ ਜੂਹ ਵਿਚ ਬਨਸਪਤੀ ਨੂੰ ਫੁੱਲ ਲੱਗ ਪੈਂਦੇ ਹਨ। (ਮੇਰੇ ਹਿਰਦੇ ਦਾ ਕੌਲ-ਫੁੱਲ ਭੀ ਖਿੜ ਪਏ, ਜੇ) ਮੇਰਾ ਪਤੀ-ਪ੍ਰਭੂ ਹਿਰਦੇ-ਘਰ ਵਿਚ ਆ ਵੱਸੇ।
47560	1108	ਪਿਰੁ ਘਰਿ ਨਹੀ ਆਵੈ ਧਨ ਕਿਉ ਸੁਖੁ ਪਾਵੈ ਬਿਰਹਿ ਬਿਰੋਧ ਤਨੁ ਛੀਜੈ॥		Pir Ghar Nehee Aavai Dhhan Kio Sukh Paavai Birehi Birodhh Than Shheejai ||	If her Husband Lord does not return home, how can the soul-bride find peace? Her body is wasting away with the sorrow of separation.	ਜਿਸ ਜੀਵ-ਇਸਤ੍ਰੀ ਦਾ ਪ੍ਰਭੂ-ਪਤੀ ਹਿਰਦੇ-ਘਰ ਵਿਚ ਨਾਹ ਆ ਵੱਸੇ, ਉਸ ਜੀਵ-ਇਸਤ੍ਰੀ ਨੂੰ ਆਤਮਕ ਆਨੰਦ ਨਹੀਂ ਆ ਸਕਦਾ, ਉਸ ਦਾ ਸਰੀਰ (ਪ੍ਰਭੂ ਤੋਂ) ਵਿਛੋੜੇ ਦੇ ਕਾਰਨ (ਕਾਮਾਦਿਕ ਵੈਰੀਆਂ ਦੇ) ਹੱਲਿਆਂ ਨਾਲ ਕਮਜ਼ੋਰ ਹੋ ਜਾਂਦਾ ਹੈ।
47561	1108	ਕੋਕਿਲ ਅੰਬਿ ਸੁਹਾਵੀ ਬੋਲੈ ਕਿਉ ਦੁਖੁ ਅੰਕਿ ਸਹੀਜੈ॥		Kokil Anb Suhaavee Bolai Kio Dhukh Ank Seheejai ||	The beautiful song-bird sings, perched on the mango tree; but how can I endure the pain in the depths of my being?	(ਚੇਤਰ ਦੇ ਮਹੀਨੇ) ਕੋਇਲ ਅੰਬ ਦੇ ਰੁੱਖ ਉਤੇ ਮਿੱਠੇ ਬੋਲ ਬੋਲਦੀ ਹੈ (ਵਿਜੋਗਣ ਨੂੰ ਇਹ ਬੋਲ ਮਿੱਠੇ ਨਹੀਂ ਲੱਗਦੇ, ਚੋਭਵੇਂ ਦੁਖਦਾਈ ਲੱਗਦੇ ਹਨ, ਤੇ ਵਿਛੋੜੇ ਦਾ) ਦੁੱਖ ਉਸ ਪਾਸੋਂ ਹਿਰਦੇ ਵਿਚ ਸਹਾਰਿਆ ਨਹੀਂ ਜਾਂਦਾ।

47562	1108	ਭਵਰੁ ਭਵੰਤਾ ਫੂਲੀ ਡਾਲੀ ਕਿਉ ਜੀਵਾ ਮਰੁ ਮਾਏ॥		Bhavar Bhavanthaa Foolee Ddaalee Kio Jeevaa Mar Maaeae ||	The bumble bee is buzzing around the flowering branches; but how can I survive? I am dying, O my mother!	ਹੇ ਮਾਂ! ਮੇਰਾ ਮਨ-ਭੌਰਾ (ਅੰਦਰਲੇ ਖਿੜੇ ਹੋਏ ਹਿਰਦੇ-ਕਮਲ ਨੂੰ ਛੱਡ ਕੇ ਦੁਨੀਆ ਦੇ ਰੰਗ-ਤਮਾਸ਼ਿਆਂ ਦੇ) ਫੁੱਲਾਂ ਤੇ ਡਾਲੀਆਂ ਉਤੇ ਭਟਕਦਾ ਫਿਰਦਾ ਹੈ। ਇਹ ਆਤਮਕ ਜੀਵਨ ਨਹੀਂ ਹੈ, ਇਹ ਤਾਂ ਆਤਮਕ ਮੌਤ ਹੈ।
47563	1108	ਨਾਨਕ ਚੇਤਿ ਸਹਜਿ ਸੁਖੁ ਪਾਵੈ ਜੇ ਹਰਿ ਵਰੁ ਘਰਿ ਧਨ ਪਾਏ॥੫॥		Naanak Chaeth Sehaj Sukh Paavai Jae Har Var Ghar Dhhan Paaeae ||5||	O Nanak, in Chayt, peace is easily obtained, if the soul-bride obtains the Lord as her Husband, within the home of her own heart. ||5||	ਹੇ ਨਾਨਕ! ਚੇਤਰ ਦੇ ਮਹੀਨੇ ਵਿਚ (ਬਸੰਤ ਦੇ ਮੌਸਮ ਵਿਚ) ਜੀਵ-ਇਸਤ੍ਰੀ ਅਡੋਲ ਅਵਸਥਾ ਵਿਚ ਟਿਕ ਕੇ ਆਤਮਕ ਆਨੰਦ ਮਾਣਦੀ ਹੈ, ਜੇ ਜੀਵ-ਇਸਤ੍ਰੀ (ਆਪਣੇ ਹਿਰਦੇ-) ਘਰ ਵਿਚ ਪ੍ਰਭੂ-ਪਤੀ ਨੂੰ ਲੱਭ ਲਏ ॥੫॥
47564	1108	ਵੈਸਾਖੁ ਭਲਾ ਸਾਖਾ ਵੇਸ ਕਰੇ॥		Vaisaakh Bhalaa Saakhaa Vaes Karae ||	Baisakhi is so pleasant; the branches blossom with new leaves.	ਵੈਸਾਖ (ਦਾ ਮਹੀਨਾ ਕੇਹਾ) ਚੰਗਾ ਲੱਗਦਾ ਹੈ! (ਰੁੱਖਾਂ ਦੀਆਂ) ਲਗਰਾਂ (ਸੱਜ-ਵਿਆਹੀਆਂ ਮੁਟਿਆਰਾਂ ਵਾਂਗ ਕੂਲੇ ਕੂਲੇ ਪੱਤਰਾਂ ਦਾ) ਹਾਰ-ਸਿੰਗਾਰ ਕਰਦੀਆਂ ਹਨ।

47565	1108	ਧਨ ਦੇਖੈ ਹਰਿ ਦੁਆਰਿ ਆਵਹੁ ਦਇਆ ਕਰੇ॥		Dhhan Dhaekhai Har Dhuaar Aavahu Dhaeiaa Karae ||	The soul-bride yearns to see the Lord at her door. Come, O Lord, and take pity on me!	(ਇਹਨਾਂ ਲਗਰਾਂ ਦਾ ਹਾਰ-ਸਿੰਗਾਰ ਵੇਖ ਕੇ ਪਤੀ ਤੋਂ ਵਿਛੁੜੀ ਨਾਰ ਦੇ ਅੰਦਰ ਭੀ ਪਤੀ ਨੂੰ ਮਿਲਣ ਲਈ ਧ੍ਰਹ ਪੈਂਦੀ ਹੈ, ਤੇ ਉਹ ਆਪਣੇ ਘਰੋਂ ਦੇ ਬੂਹੇ ਵਿਚ ਖਲੋਤੀ ਰਾਹ ਤੱਕਦੀ ਹੈ। ਇਸੇ ਤਰ੍ਹਾਂ ਕੁਦਰਤਿ-ਰਾਣੀ ਦਾ ਸੋਹਜ-ਸਿੰਗਾਰ ਵੇਖ ਕੇ ਉਮਾਹ-ਭਰੀ) ਜੀਵ-ਇਸਤ੍ਰੀ ਆਪਣੇ (ਹਿਰਦੇ-) ਦਰ ਤੇ ਪ੍ਰਭੂ-ਪਤੀ ਦੀ ਉਡੀਕ ਕਰਦੀ ਹੈ (ਤੇ ਆਖਦੀ ਹੈ-ਹੇ ਪ੍ਰਭੂ-ਪਤੀ!) ਮਿਹਰ ਕਰ ਕੇ (ਮੇਰੇ ਹਿਰਦੇ-ਘਰ ਵਿਚ) ਆਓ।
47566	1108	ਘਰਿ ਆਉ ਪਿਆਰੇ ਦੁਤਰ ਤਾਰੇ ਤੁਧੁ ਬਿਨੁ ਅਢੁ ਨ ਮੋਲੋ॥	ਦੁੱਤ-ਰ	Ghar Aao Piaarae Dhuthar Thaarae Thudhh Bin Adt N Molo ||	Please come home, O my Beloved; carry me across the treacherous world-ocean. Without You, I am not worth even a shell.	ਹੇ ਪਿਆਰੇ! (ਮੇਰੇ) ਘਰ ਵਿਚ ਆਓ, ਮੈਨੂੰ ਇਸ ਬਿਖਮ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘਾ, ਤੈਥੋਂ ਬਿਨਾ ਮੇਰੀ ਕਦਰ ਅੱਧੀ ਕੌਡੀ ਜਿਤਨੀ ਭੀ ਨਹੀਂ ਹੈ।
47567	1108	ਕੀਮਤਿ ਕਉਣ ਕਰੇ ਤੁਧੁ ਭਾਵਾਂ ਦੇਖਿ ਦਿਖਾਵੈ ਢੋਲੋ॥		Keemath Koun Karae Thudhh Bhaavaan Dhaekh Dhikhaavai Dtolo ||	Who can estimate my worth, if I am pleasing to You? I see You, and inspire others to see You, O my Love.	ਪਰ, ਹੇ ਮਿਤ੍ਰ-ਪ੍ਰਭੂ! ਜੇ ਗੁਰੂ ਤੇਰਾ ਦਰਸਨ ਕਰ ਕੇ ਮੈਨੂੰ ਭੀ ਦਰਸਨ ਕਰਾ ਦੇਵੇ, ਤੇ ਜੇ ਮੈਂ ਤੈਨੂੰ ਚੰਗੀ ਲੱਗ ਪਵਾਂ, ਤਾਂ ਕੌਣ ਮੇਰਾ ਮੁੱਲ ਪਾ ਸਕਦਾ ਹੈ?

47568	1108	ਦੂਰਿ ਨ ਜਾਨਾ ਅੰਤਰਿ ਮਾਨਾ ਹਰਿ ਕਾ ਮਹਲੁ ਪਛਾਨਾ॥		Dhoor N Jaanaa Anthar Maanaa Har Kaa Mehal Pashhaanaa ||	I know that You are not far away; I believe that You are deep within me, and I realize Your Presence.	ਫਿਰ ਤੂੰ ਮੈਨੂੰ ਕਿਤੇ ਦੂਰ ਨਹੀਂ ਜਾਪੇਂਗਾ, ਮੈਨੂੰ ਯਕੀਨ ਹੋਵੇਗਾ ਕਿ ਤੂੰ ਮੇਰੇ ਅੰਦਰ ਵੱਸ ਰਿਹਾ ਹੈਂ, ਉਸ ਟਿਕਾਣੇ ਦੀ ਮੈਨੂੰ ਪਛਾਣ ਹੋ ਜਾਇਗੀ ਜਿਥੇ ਤੂੰ ਵੱਸਦਾ ਹੈਂ।
47569	1108	ਨਾਨਕ ਵੈਸਾਖੀਂ ਪ੍ਰਭੁ ਪਾਵੈ ਸੁਰਤਿ ਸਬਦਿ ਮਨੁ ਮਾਨਾ॥੬॥		Naanak Vaisaakheen Prabh Paavai Surath Sabadh Man Maanaa ||6||	O Nanak, finding God in Baisakhi, the consciousness is filled with the Word of the Shabad, and the mind comes to believe. ||6||	ਹੇ ਨਾਨਕ! ਵੈਸਾਖ ਵਿਚ (ਕੁਦਰਤਿ-ਰਾਣੀ ਦਾ ਸੋਹਜ-ਸਿੰਗਾਰ ਵੇਖ ਕੇ ਉਹ ਜੀਵ-ਇਸਤ੍ਰੀ) ਪ੍ਰਭੂ-ਪਤੀ (ਦਾ ਮਿਲਾਪ) ਹਾਸਲ ਕਰ ਲੈਂਦੀ ਹੈ ਜਿਸ ਦੀ ਸੁਰਤ ਗੁਰੂ ਦੇ ਸ਼ਬਦ ਵਿਚ ਜੁੜੀ ਰਹਿੰਦੀ ਹੈ, ਜਿਸ ਦਾ ਮਨ (ਸਿਫ਼ਤ-ਸਾਲਾਹ ਵਿਚ ਹੀ) ਗਿੱਝ ਜਾਂਦਾ ਹੈ ॥੬॥
47570	1108	ਮਾਹੁ ਜੇਠੁ ਭਲਾ ਪ੍ਰੀਤਮੁ ਕਿਉ ਬਿਸਰੈ॥		Maahu Jaeth Bhalaa Preetham Kio Bisarai ||	The month of Jayt'h is so sublime. How could I forget my Beloved?	ਜੇਠ ਮਹੀਨਾ (ਉਹਨਾਂ ਨੂੰ ਹੀ) ਚੰਗਾ ਲੱਗਦਾ ਹੈ ਜਿਨ੍ਹਾਂ ਨੂੰ ਪ੍ਰੀਤਮ-ਕਦੇ ਨਹੀਂ ਵਿੱਸਰਦਾ।

47571	1108	ਥਲ ਤਾਪਹਿ ਸਰ ਭਾਰ ਸਾ ਧਨ ਬਿਨਉ ਕਰੈ॥		Thhal Thaapehi Sar Bhaar Saa Dhhan Bino Karai ||	The earth burns like a furnace, and the soul-bride offers her prayer.	(ਜੇਠ ਵਿਚ ਲੋਆਂ ਪੈਣ ਨਾਲ) ਭੱਠ ਵਾਂਗ ਥਲ ਤਪਣ ਲੱਗ ਪੈਂਦੇ ਹਨ (ਇਸੇ ਤਰ੍ਹਾਂ ਕਾਮਾਦਿਕ ਵਿਕਾਰਾਂ ਦੀ ਅੱਗ ਨਾਲ ਸੰਸਾਰੀ ਜੀਵਾਂ ਦੇ ਹਿਰਦੇ ਤਪਦੇ ਹਨ, ਉਹਨਾਂ ਦੀ ਤਪਸ਼ ਅਨੁਭਵ ਕਰ ਕੇ) ਗੁਰਮੁਖਿ ਜੀਵ-ਇਸਤ੍ਰੀ (ਪ੍ਰਭੂ-ਚਰਨਾਂ ਵਿਚ) ਅਰਦਾਸ ਕਰਦੀ ਹੈ,
47572	1108	ਧਨ ਬਿਨਉ ਕਰੇਦੀ ਗੁਣ ਸਾਰੇਦੀ ਗੁਣ ਸਾਰੀ ਪ੍ਰਭ ਭਾਵਾ॥	ਕਰੇਂਦੀ।ਸਾਰੇਂਦੀ	Dhhan Bino Karaedhee Gun Saaraedhee Gun Saaree Prabh Bhaavaa ||	The bride offers her prayer, and sings His Glorious Praises; singing His Praises, she becomes pleasing to God.	ਉਸ ਪ੍ਰਭੂ ਦੇ ਗੁਣ (ਹਿਰਦੇ ਵਿਚ) ਸੰਭਾਲਦੀ ਹੈ, ਜੋ ਇਸ ਤਪਸ਼ ਤੋਂ ਨਿਰਾਲਾ ਆਪਣੇ ਸਦਾ-ਥਿਰ ਮਹਲ ਵਿਚ ਟਿਕਿਆ ਰਹਿੰਦਾ ਹੈ, ਉਸ ਅੱਗੇ ਜੀਵ-ਇਸਤ੍ਰੀ ਬੇਨਤੀ ਕਰਦੀ ਹੈ- ਹੇ ਪ੍ਰਭੂ! ਮੈਂ ਤੇਰੀ ਸਿਫ਼ਤ-ਸਾਲਾਹ ਕਰਦੀ ਹਾਂ, ਤਾ ਕਿ ਤੈਨੂੰ ਚੰਗੀ ਲੱਗ ਪਵਾਂ।
47573	1108	ਸਾਚੈ ਮਹਲਿ ਰਹੈ ਬੈਰਾਗੀ ਆਵਣ ਦੇਹਿ ਤ ਆਵਾ॥		Saachai Mehal Rehai Bairaagee Aavan Dhaehi Th Aavaa ||	The Unattached Lord dwells in His true mansion. If He allows me, then I will come to Him.	ਸਦਾ ਥਿਰ ਰਹਿਣ ਵਾਲੇ ਮਹਿਲ ਵਿੱਚ ਰਹਿਣ ਵਾਲੇ ਹੇ ਮਾਇਆ ਤੋਂ ਨਿਰਲੇਪ ਪ੍ਰਭੂ! ਤੂੰ ਮੈਨੂੰ ਆਗਿਆ ਦੇਵੇਂ ਮੈਂ ਭੀ ਤੇਰੇ ਮਹਲ ਵਿਚ ਆ ਜਾਵਾਂ (ਤੇ ਬਾਹਰਲੀ ਤਪਸ਼ ਤੋਂ ਬਚ ਸਕਾਂ)।

47574	1108	ਨਿਮਾਣੀ ਨਿਤਾਣੀ ਹਰਿ ਬਿਨੁ ਕਿਉ ਪਾਵੈ ਸੁਖ ਮਹਲੀ॥		Nimaanee Nithaanee Har Bin Kio Paavai Sukh Mehalee ||	The bride is dishonored and powerless; how will she find peace without her Lord?	ਜਿਤਨਾ ਚਿਰ ਜੀਵ-ਇਸਤ੍ਰੀ ਪ੍ਰਭੂ ਤੋਂ ਵੱਖ ਰਹਿ ਕੇ (ਵਿਕਾਰਾਂ ਦੀ ਤਪਸ਼ ਨਾਲ) ਨਿਢਾਲ ਤੇ ਕਮਜ਼ੋਰ ਹੈ, ਉਤਨਾ ਚਿਰ (ਤਪਸ਼ੋਂ ਬਚੇ ਹੋਏ ਪ੍ਰਭੂ ਦੇ) ਮਹਲ ਦਾ ਆਨੰਦ ਨਹੀਂ ਮਾਣ ਸਕਦੀ।
47575	1108	ਨਾਨਕ ਜੇਠਿ ਜਾਣੈ ਤਿਸੁ ਜੈਸੀ ਕਰਮਿ ਮਿਲੈ ਗੁਣ ਗਹਿਲੀ॥੭॥		Naanak Jaeth Jaanai This Jaisee Karam Milai Gun Gehilee ||7||	O Nanak, in Jayt'h, she who knows her Lord becomes just like Him; grasping virtue, she meets with the Merciful Lord. ||7||	ਹੇ ਨਾਨਕ! ਜੇਠ (ਦੀ ਸਾੜਦੀ ਲੋ) ਵਿਚ ਪ੍ਰਭੂ ਦੀ ਸਿਫ਼ਤ-ਸਾਲਾਹ ਨੂੰ ਹਿਰਦੇ ਵਿਚ ਵਸਾ ਲੈਣ ਵਾਲੀ ਜੇਹੜੀ ਜੀਵ-ਇਸਤ੍ਰੀ ਪ੍ਰਭੂ ਨਾਲ ਜਾਣ-ਪਛਾਣ ਪਾ ਲੈਂਦੀ ਹੈ, ਉਹ ਉਸ (ਸ਼ਾਂਤ-ਚਿੱਤ ਪ੍ਰਭੂ) ਵਰਗੀ ਹੋ ਜਾਂਦੀ ਹੈ, ਉਸ ਦੀ ਮਿਹਰ ਨਾਲ ਉਸ ਵਿਚ ਇਕ-ਰੂਪ ਹੋ ਜਾਂਦੀ ਹੈ (ਤੇ ਵਿਕਾਰਾਂ ਦੀ ਤਪਸ਼-ਲੋ ਤੋਂ ਬਚੀ ਰਹਿੰਦੀ ਹੈ) ॥੭॥
47576	1108	ਆਸਾੜੁ ਭਲਾ ਸੂਰਜੁ ਗਗਨਿ ਤਪੈ॥		Aasaarr Bhalaa Sooraj Gagan Thapai ||	The month of Aasaarh is good; the sun blazes in the sky.	(ਜਦੋਂ) ਹਾੜ ਮਹੀਨਾ ਚੰਗਾ ਜੋਬਨ ਵਿਚ ਹੁੰਦਾ ਹੈ, ਆਕਾਸ਼ ਵਿਚ ਸੂਰਜ ਤਪਦਾ ਹੈ।
47577	1108	ਧਰਤੀ ਦੂਖ ਸਹੈ ਸੋਖੈ ਅਗਨਿ ਭਖੈ॥	ਭਖੈ: ਪੋਲਾ ਬੋਲੋ	Dhharathee Dhookh Sehai Sokhai Agan Bhakhai ||	The earth suffers in pain, parched and roasted in the fire.	(ਜਿਉਂ ਜਿਉਂ ਸੂਰਜ ਧਰਤੀ ਦੀ ਨਮੀ ਨੂੰ) ਸੁਕਾਂਦਾ ਹੈ, ਧਰਤੀ ਦੁੱਖ ਸਹਾਰਦੀ ਹੈ (ਧਰਤੀ ਦੇ ਜੀਅ-ਜੰਤ ਔਖੇ ਹੁੰਦੇ ਹਨ), ਧਰਤੀ ਅੱਗ (ਵਾਂਗ) ਭਖਦੀ ਹੈ।

47578	1108	ਅਗਨਿ ਰਸੁ ਸੋਖੈ ਮਰੀਐ ਧੋਖੈ ਭੀ ਸੋ ਕਿਰਤੁ ਨ ਹਾਰੇ॥		Agan Ras Sokhai Mareeai Dhhokhai Bhee So Kirath N Haarae ||	The fire dries up the moisture, and she dies in agony. But even then, the sun does not grow tired.	(ਸੂਰਜ) ਅੱਗ (ਵਾਂਗ) ਪਾਣੀ ਨੂੰ ਸੁਕਾਂਦਾ ਹੈ, (ਹਰੇਕ ਦੀ ਜਿੰਦ) ਕ੍ਰਾਹ ਕ੍ਰਾਹ ਕੇ ਦੁਖੀ ਹੁੰਦੀ ਹੈ, ਫਿਰ ਭੀ ਸੂਰਜ ਆਪਣਾ ਕਰਤੱਬ ਨਹੀਂ ਛੱਡਦਾ (ਕਰੀ ਜਾਂਦਾ ਹੈ)।
47579	1108	ਰਥੁ ਫਿਰੈ ਛਾਇਆ ਧਨ ਤਾਕੈ ਟੀਡੁ ਲਵੈ ਮੰਝਿ ਬਾਰੇ॥	ਅਗਿਆਨ ਰੂਪੀ ਰਥੁ। ਸ਼ਾਂਤ ਰੂਪੀ (ਛਾਇਆ) ਛਾਂ। ਸੰਕਲਪ ਵਿਕਲਪ ਰੂਪੀ (ਟੀਡੁ) ਬਿੰਡੇ ।(ਲਵੈ) ਬੋਲਦੇ ਹਨ। ਕੁਸੰਗ ਰੂਪੀ (ਬਾਰੇ) ਜੰਗਲ, (ਮੰਝਿ) ਵਿੱਚ। ਤੱਾਕੈ	Rathh Firai Shhaaeiaa Dhhan Thaakai Tteedd Lavai Manjh Baarae ||	His chariot moves on, and the soul-bride seeks shade; the crickets are chirping in the forest.	(ਸੂਰਜ ਦਾ) ਰਥ ਚੱਕਰ ਲਾਂਦਾ ਹੈ, ਕਮਜ਼ੋਰ ਜਿੰਦ ਕਿਤੇ ਛਾਂ ਦਾ ਆਸਰਾ ਲੈਂਦੀ ਹੈ, ਬੀਂਡਾ ਭੀ ਬਾਹਰ ਜੂਹ ਵਿਚ (ਰੁੱਖ ਦੀ ਛਾਵੇਂ) ਟੀਂ ਟੀਂ ਪਿਆ ਕਰਦਾ ਹੈ (ਹਰੇਕ ਜੀਵ ਤਪਸ਼ ਤੋਂ ਜਾਨ ਲੁਕਾਂਦਾ ਦਿੱਸਦਾ ਹੈ)।
47580	1108	ਅਵਗਣ ਬਾਧਿ ਚਲੀ ਦੁਖੁ ਆਗੈ ਸੁਖੁ ਤਿਸੁ ਸਾਚੁ ਸਮਾਲੇ॥	ਬੱਾਧਿ। ਚੱਲੀ	Avagan Baadhh Chalee Dhukh Aagai Sukh This Saach Samaalae ||	She ties up her bundle of faults and demerits, and suffers in the world hereafter. But dwelling on the True Lord, she finds peace.	(ਅਜੇਹੀ ਮਾਨਸਕ ਤਪਸ਼ ਦਾ) ਦੁੱਖ ਉਸ ਜੀਵ-ਇਸਤ੍ਰੀ ਦੇ ਸਾਹਮਣੇ (ਭਾਵ, ਜੀਵਨ-ਸਫ਼ਰ ਵਿਚ) ਮੌਜੂਦ ਰਹਿੰਦਾ ਹੈ, ਜੋ ਮੰਦੇ ਕਰਮਾਂ (ਦੀ ਪੰਡ ਸਿਰੇ ਉਤੇ) ਬੰਨ੍ਹ ਕੇ ਤੁਰਦੀ ਹੈ। ਆਤਮਕ ਆਨੰਦ ਸਿਰਫ਼ ਉਸ ਨੂੰ ਹੈ ਜੋ ਸਦਾ-ਥਿਰ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਟਿਕਾ ਰੱਖਦੀ ਹੈ।

47581	1108	ਨਾਨਕ ਜਿਸ ਨੋ ਇਹੁ ਮਨੁ ਦੀਆ ਮਰਣੁ ਜੀਵਣੁ ਪ੍ਰਭ ਨਾਲੇ॥੮॥		Naanak Jis No Eihu Man Dheeaa Maran Jeevan Prabh Naalae ||8||	O Nanak, I have given this mind to Him; death and life rest with God. ||8||	ਹੇ ਨਾਨਕ! ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ ਨੇ ਹਰੀ-ਨਾਮ ਸਿਮਰਨ ਵਾਲਾ ਮਨ ਦਿੱਤਾ ਹੈ, ਪ੍ਰਭੂ ਨਾਲ ਉਸ ਦਾ ਸਦੀਵੀ ਸਾਥ ਬਣ ਜਾਂਦਾ ਹੈ (ਉਸ ਨੂੰ ਹਾੜ ਦੀ ਕਹਰ ਦੀ ਤਪਸ਼ ਵਰਗਾ ਵਿਕਾਰਾਂ ਦਾ ਸੇਕ ਪੋਹ ਨਹੀਂ ਸਕਦਾ) ॥੮॥
47582	1108	ਸਾਵਣਿ ਸਰਸ ਮਨਾ ਘਣ ਵਰਸਹਿ ਰੁਤਿ ਆਏ॥		Saavan Saras Manaa Ghan Varasehi Ruth Aaeae ||	In Saawan, be happy, O my mind. The rainy season has come, and the clouds have burst into showers.	(ਹਾੜ ਦੀ ਅੱਤ ਦਰਜੇ ਦੀ ਤਪਸ਼ ਵਿਚ ਘਾਹ ਆਦਿਕ ਸੁੱਕ ਜਾਂਦੇ ਹਨ। ਉਸ ਤਪਸ਼ ਦੇ ਪਿਛੋਂ ਸਾਵਨ ਮਹੀਨੇ ਵਿਚ ਘਟਾਂ ਚੜ੍ਹਦੀਆਂ ਹਨ। ਪਸ਼ੂ ਪੰਛੀ ਮਨੁੱਖ ਤਾਂ ਕਿਤੇ ਰਹੇ, ਸੁੱਕਾ ਹੋਇਆ ਘਾਹ ਭੀ ਹਰਾ ਹੋ ਜਾਂਦਾ ਹੈ। ਉਸ ਦੀ ਹਰਿਆਵਲ ਵੇਖ ਕੇ ਹਰੇਕ ਪ੍ਰਾਣੀ ਬੋਲ ਉਠਦਾ ਹੈ-) ਹੇ ਮੇਰੇ ਮਨ! ਸਾਵਣ ਮਹੀਨੇ ਵਿਚ (ਵਰਖਾ ਦੀ) ਰੁੱਤ ਆ ਗਈ ਹੈ, ਬੱਦਲ ਵਰ੍ਹ ਰਹੇ ਹਨ, ਹੁਣ ਤੂੰ ਭੀ ਹਰਾ ਹੋ (ਤੂੰ ਭੀ ਉਮਾਹ ਵਿਚ ਆ)।

47583	1108	ਮੈ ਮਨਿ ਤਨਿ ਸਹੁ ਭਾਵੈ ਪਿਰ ਪਰਦੇਸਿ ਸਿਧਾਏ॥		Mai Man Than Sahu Bhaavai Pir Paradhaes Sidhhaaeae ||	My mind and body are pleased by my Lord, but my Beloved has gone away.	(ਪਰਦੇਸ ਗਏ ਪਤੀ ਦੀ ਨਾਰ ਦਾ ਹਿਰਦਾ ਕਾਲੀਆਂ ਘਟਾਂ ਨੂੰ ਵੇਖ ਕੇ ਤੜਪ ਉਠਦਾ ਹੈ। ਉਮਾਹ ਪੈਦਾ ਕਰਨ ਵਾਲੇ ਇਹ ਸਾਮਾਨ ਵਿਛੋੜੇ ਵਿਚ ਉਸ ਨੂੰ ਦੁਖਦਾਈ ਪ੍ਰਤੀਤ ਹੁੰਦੇ ਹਨ। ਬਿਰਹੋਂ ਵਿਚ ਉਹ ਇਉਂ ਆਖਦੀ ਹੈ- ਹੇ ਮਾਂ! ਇਹ ਬੱਦਲ ਵੇਖ ਵੇਖ ਕੇ) ਮੈਨੂੰ ਆਪਣਾ ਪਤੀ ਮਨ ਵਿਚ ਰੋਮ ਰੋਮ ਵਿਚ ਪਿਆਰਾ ਲੱਗ ਰਿਹਾ ਹੈ, ਪਰ ਮੇਰੇ ਪਤੀ ਜੀ ਤਾਂ ਪਰਦੇਸ ਗਏ ਹੋਏ ਹਨ।
47584	1108	ਪਿਰੁ ਘਰਿ ਨਹੀ ਆਵੈ ਮਰੀਐ ਹਾਵੈ ਦਾਮਨਿ ਚਮਕਿ ਡਰਾਏ॥		Pir Ghar Nehee Aavai Mareeai Haavai Dhaaman Chamak Ddaraaeae ||	My Beloved has not come home, and I am dying of the sorrow of separation. The lightning flashes, and I am scared.	(ਜਿਤਨਾ ਚਿਰ) ਪਤੀ ਘਰ ਵਿਚ ਨਹੀਂ ਆਉਂਦਾ, ਮੈਂ ਹਾਹੁਕਿਆਂ ਨਾਲ ਮਰ ਰਹੀ ਹਾਂ, ਬਿਜਲੀ ਚਮਕ ਕੇ (ਸਗੋਂ) ਮੈਨੂੰ ਡਰਾ ਨਹੀਂ ਹੈ।
47585	1108	ਸੇਜ ਇਕੇਲੀ ਖਰੀ ਦੁਹੇਲੀ ਮਰਣੁ ਭਇਆ ਦੁਖੁ ਮਾਏ॥		Saej Eikaelee Kharee Dhuhaelee Maran Bhaeiaa Dhukh Maaeae ||	My bed is lonely, and I am suffering in agony. I am dying in pain, O my mother!	ਹੇ ਮਾਂ! (ਪਤੀ ਦੇ ਵਿਛੋੜੇ ਵਿਚ) ਮੇਰੀ ਸੱਖਣੀ ਸੇਜ ਮੈਨੂੰ ਬਹੁਤ ਦੁਖਦਾਈ ਹੋ ਰਹੀ ਹੈ, (ਪਤੀ ਤੋਂ ਵਿਛੋੜੇ ਦਾ) ਦੁੱਖ ਮੈਨੂੰ ਮੌਤ (ਬਰਾਬਰ) ਹੋ ਗਿਆ ਹੈ।

47586	1108	ਹਰਿ ਬਿਨੁ ਨੀਦ ਭੂਖ ਕਹੁ ਕੈਸੀ ਕਾਪੜੁ ਤਨਿ ਨ ਸੁਖਾਵਏ॥		Har Bin Needh Bhookh Kahu Kaisee Kaaparr Than N Sukhaaveae ||	Tell me - without the Lord, how can I sleep, or feel hungry? My clothes give no comfort to my body.	(ਜਿਸ ਜੀਵ-ਇਸਤ੍ਰੀ ਦੇ ਅੰਦਰ ਪ੍ਰਭੂ-ਪਤੀ ਦਾ ਪਿਆਰ ਹੈ, ਬਿਰਹਣੀ ਨਾਰ ਵਾਂਗ) ਉਸ ਨੂੰ ਪ੍ਰਭੂ ਦੇ ਮਿਲਾਪ ਤੋਂ ਬਿਨਾ ਨਾਹ ਨੀਂਦ, ਨਾਹ ਭੁੱਖ। ਉਸ ਨੂੰ ਤਾਂ ਕੱਪੜਾ ਭੀ ਸਰੀਰ ਉਤੇ ਨਹੀਂ ਸੁਖਾਂਦਾ (ਸਰੀਰਕ ਸੁਖਾਂ ਦੇ ਕੋਈ ਭੀ ਸਾਧਨ ਉਸ ਦੇ ਮਨ ਨੂੰ ਧ੍ਰੂਹ ਨਹੀਂ ਪਾ ਸਕਦੇ)।
47587	1108	ਨਾਨਕ ਸਾ ਸੋਹਾਗਣਿ ਕੰਤੀ ਪਿਰ ਕੈ ਅੰਕਿ ਸਮਾਵਏ॥੯॥		Naanak Saa Sohaagan Kanthee Pir Kai Ank Samaaveae ||9||	O Nanak, she alone is a happy soul-bride, who merges in the Being of her Beloved Husband Lord. ||9||	ਹੇ ਨਾਨਕ! ਉਹੀ ਭਾਗਾਂ ਵਾਲੀ ਜੀਵ-ਇਸਤ੍ਰੀ ਪ੍ਰਭੂ-ਪਤੀ ਦੇ ਪਿਆਰ ਦੀ ਹੱਕਦਾਰ ਹੋ ਸਕਦੀ ਹੈ, ਜੋ ਸਦਾ ਪ੍ਰਭੂ ਦੀ ਯਾਦ ਵਿਚ ਲੀਨ ਰਹਿੰਦੀ ਹੈ ॥੯॥
47588	1108	ਭਾਦਉ ਭਰਮਿ ਭੁਲੀ ਭਰਿ ਜੋਬਨਿ ਪਛੁਤਾਣੀ॥		Bhaadho Bharam Bhulee Bhar Joban Pashhuthaanee ||	In Bhaadon, the young woman is confused by doubt; later, she regrets and repents.	ਭਾਦਰੋਂ (ਦਾ ਮਹੀਨਾ) ਆ ਗਿਆ ਹੈ। (ਪਰ) ਜੇਹੜੀ ਇਸਤ੍ਰੀ ਭਰ-ਜੋਬਨ ਵਿਚ (ਜੋਬਨ ਦੇ ਮਾਣ ਦੇ) ਭੁਲੇਖੇ ਵਿਚ ਗ਼ਲਤੀ ਖਾ ਗਈ, ਉਸ ਨੂੰ (ਪਤੀ ਦੇ ਵਿਛੋੜੇ ਵਿਚ) ਪਛਤਾਣਾ ਹੀ ਪਿਆ

47589	1108	ਜਲ ਥਲ ਨੀਰਿ ਭਰੇ ਬਰਸ ਰੁਤੇ ਰੰਗੁ ਮਾਣੀ॥		Jal Thhal Neer Bharae Baras Ruthae Rang Maanee ||	The lakes and fields are overflowing with water; the rainy season has come - the time to celebrate!	ਵਰਖਾ ਰੁੱਤ ਵਿਚ ਟੋਏ ਟਿੱਬੇ ਪਾਣੀ ਨਾਲ ਭਰੇ ਹੋਏ ਹਨ, (ਇਸ ਨਜ਼ਾਰੇ ਦਾ) ਰੰਗ ਮਾਣਿਆ ਜਾ ਸਕਦਾ ਹੈ। (ਪਰ ਭਰਮ ਵਿੱਚ ਭੁੱਲੀ ਜੀਵ-ਇਸਤ੍ਰੀ ਨੂੰ ਨੀਰ-ਭਰੇ ਥਾਂ ਚੰਗੇ ਨਾਹ ਲੱਗੇ)।
47590	1108	ਬਰਸੈ ਨਿਸਿ ਕਾਲੀ ਕਿਉ ਸੁਖੁ ਬਾਲੀ ਦਾਦਰ ਮੋਰ ਲਵੰਤੇ॥	ਕਾਲੀ: ਪੋਲਾ ਬੋਲੋ। ਬੱਾਲੀ। ਦਾਦਰ: ਪੋਲਾ ਬੋਲੋ	Barasai Nis Kaalee Kio Sukh Baalee Dhaadhar Mor Lavanthae ||	In the dark of night it rains; how can the young bride find peace? The frogs and peacocks send out their noisy calls.	ਕਾਲੀ ਰਾਤ ਨੂੰ ਮੀਂਹ ਵਰ੍ਹਦਾ ਹੈ, ਡੱਡੂ ਗੁੜੈਂ ਗੁੜੈਂ ਕਰਦੇ ਹਨ, ਮੋਰ ਕੁਹਕਦੇ ਹਨ, (ਪਰ ਪਤੀ ਤੋਂ ਵਿਛੁੜੀ) ਨਾਰ ਨੂੰ (ਇਸ ਸੁਹਾਵਣੇ ਰੰਗ ਤੋਂ) ਆਨੰਦ ਨਹੀਂ ਮਿਲਦਾ।
47591	1108	ਪ੍ਰਿਉ ਪ੍ਰਿਉ ਚਵੈ ਬਬੀਹਾ ਬੋਲੇ ਭੁਇਅੰਗਮ ਫਿਰਹਿ ਡਸੰਤੇ॥		Prio Prio Chavai Babeehaa Bolae Bhueiangam Firehi Ddasanthae ||	"Pri-o! Pri-o! Beloved! Beloved!" cries the rainbird, while the snakes slither around, biting.	ਪਪੀਹਾ ਭੀ 'ਪ੍ਰਿਉ ਪ੍ਰਿਉ' ਕਰਦਾ ਹੈ, (ਪਰ) ਉਸ ਨੂੰ ਤਾਂ (ਭਾਦਰੋਂ ਵਿਚ ਇਹੀ ਦਿੱਸਦਾ ਹੈ ਕਿ) ਸੱਪ ਡੰਗਦੇ ਫਿਰਦੇ ਹਨ,

47592	1108	ਮਛਰ ਡੰਗ ਸਾਇਰ ਭਰ ਸੁਭਰ ਬਿਨੁ ਹਰਿ ਕਿਉ ਸੁਖੁ ਪਾਈਐ॥	ਮੱਛਰ। ਸੁੱਭਰ	Mashhar Ddang Saaeir Bhar Subhar Bin Har Kio Sukh Paaeeai ||	The mosquitoes bite and sting, and the ponds are filled to overflowing; without the Lord, how can she find peace?	ਮੱਛਰ ਡੰਗ ਮਾਰਦੇ ਹਨ। ਚੁਫੇਰੇ ਛੱਪੜ-ਤਲਾਬ (ਮੀਂਹ ਦੇ ਪਾਣੀ ਨਾਲ) ਨਕਾ-ਨਕ ਭਰੇ ਹੋਏ ਹਨ (ਬਿਰਹਣੀ ਨਾਰ ਨੂੰ ਇਸ ਵਿਚ ਕੋਈ ਸੁਹਜ-ਸੁਆਦ ਨਹੀਂ ਦਿੱਸਦਾ)। (ਇਸੇ ਤਰ੍ਹਾਂ ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਤੋਂ ਵਿਛੋੜੇ ਦਾ ਅਹਿਸਾਸ ਹੋ ਜਾਂਦਾ ਹੈ, ਉਸ ਨੂੰ) ਪ੍ਰਭੂ ਦੀ ਯਾਦ ਤੋਂ ਬਿਨਾ (ਹੋਰ ਕਿਸੇ ਰੰਗ-ਤਮਾਸ਼ੇ ਵਿਚ) ਆਤਮਕ ਆਨੰਦ ਨਹੀਂ ਮਿਲਦਾ।
47593	1108	ਨਾਨਕ ਪੂਛਿ ਚਲਉ ਗੁਰ ਅਪੁਨੇ ਜਹ ਪ੍ਰਭੁ ਤਹ ਹੀ ਜਾਈਐ॥੧੦॥		Naanak Pooshh Chalo Gur Apunae Jeh Prabh Theh Hee Jaaeeai ||10||	O Nanak, I will go and ask my Guru; wherever God is, there I will go. ||10||	ਹੇ ਨਾਨਕ! ਮੈਂ ਤਾਂ ਆਪਣੇ ਗੁਰੂ ਦੀ ਸਿੱਖਿਆ ਉਤੇ ਤੁਰ ਕੇ (ਉਸ ਦੇ ਦੱਸੇ ਰਾਹ ਉਤੇ) ਤੁਰਾਂਗੀ, ਜਿਥੇ ਪ੍ਰਭੂ-ਪਤੀ ਮਿਲ ਸਕਦਾ ਹੋਵੇ, ਉਥੇ ਹੀ ਜਾਵਾਂਗੀ ॥੧੦॥

47594	1108	ਅਸੁਨਿ ਆਉ ਪਿਰਾ ਸਾ ਧਨ ਝੂਰਿ ਮੁਈ॥		Asun Aao Piraa Saa Dhhan Jhoor Muee ||	In Assu, come, my Beloved; the soul-bride is grieving to death.	(ਭਾਦਰੋਂ ਦੇ ਘੁੰਮੇ ਤੇ ਤ੍ਰਾਟਕੇ ਲੰਘਣ ਤੇ) ਅੱਸੂ (ਦੀ ਮਿੱਠੀ ਰੁੱਤ) ਵਿਚ (ਇਸਤ੍ਰੀ ਦੇ ਦਿਲ ਵਿਚ ਪਤੀ ਨੂੰ ਮਿਲਣ ਦੀ ਤਾਂਘ ਪੈਦਾ ਹੁੰਦੀ ਹੈ। ਤਿਵੇਂ ਜਿਸ ਜੀਵ-ਇਸਤ੍ਰੀ ਨੇ ਪ੍ਰਭੂ-ਪਤੀ ਦੇ ਵਿਛੋੜੇ ਵਿਚ ਕਾਮਾਦਿਕ ਵੈਰੀਆਂ ਦੇ ਹੱਲਿਆਂ ਦੇ ਦੁੱਖ ਵੇਖ ਲਏ ਹਨ, ਉਹ ਅਰਦਾਸ ਕਰਦੀ ਹੈ-) ਹੇ ਪ੍ਰਭੂ-ਪਤੀ! (ਮੇਰੇ ਹਿਰਦੇ ਵਿਚ) ਆ ਵੱਸ (ਤੈਥੋਂ ਵਿਛੁੜ ਕੇ) ਮੈਂ ਹਾਹੁਕੇ ਲੈ ਲੈ ਕੇ ਆਤਮਕ ਮੌਤੇ ਮਰ ਰਹੀ ਹਾਂ।
47595	1108	ਤਾ ਮਿਲੀਐ ਪ੍ਰਭ ਮੇਲੇ ਦੂਜੈ ਭਾਇ ਖੁਈ॥		Thaa Mileeai Prabh Maelae Dhoojai Bhaae Khuee ||	She can only meet Him, when God leads her to meet Him; she is ruined by the love of duality.	ਮਾਇਕ ਪਦਾਰਥਾਂ ਦੇ ਮੋਹ ਵਿਚ ਫਸ ਕੇ ਮੈਂ ਔਝੜੇ ਪਈ ਹੋਈ ਹਾਂ। ਹੇ ਪ੍ਰਭੂ! ਤੈਨੂੰ ਤਦੋਂ ਹੀ ਮਿਲ ਸਕੀਦਾ ਹੈ ਜੇ ਤੂੰ ਆਪ ਮਿਲਾਏਂ।
47596	1108	ਝੂਠਿ ਵਿਗੁਤੀ ਤਾ ਪਿਰ ਮੁਤੀ ਕੁਕਹ ਕਾਹ ਸਿ ਫੁਲੇ॥	(ਕੁਕਹ) ਪਿਲਛੀ ਲੰਮਾ ਘਾਹ। (ਕਾਹ) ਘਾਹ ਫੂਸ ਵਾਂਗ ਦਾਹੜਾ। (ਫੁੱਲੇ) ਚਿੱਟੇ ਹੋ ਰਹੇ ਹਨ। ਵਿਗੁੱਤੀ। ਮੁੱਤੀ। ਫੁੱਲੇ	Jhooth Viguthee Thaa Pir Muthee Kukeh Kaah S Fulae ||	If she is plundered by falsehood, then her Beloved forsakes her. Then, the white flowers of old age blossom in my hair.	(ਜਦੋਂ ਤੋਂ) ਦੁਨੀਆ ਦੇ ਝੂਠੇ ਮੋਹ ਵਿਚ ਫਸ ਕੇ ਮੈਂ ਖ਼ੁਆਰ ਹੋ ਰਹੀ ਹਾਂ, ਤਦੋਂ ਤੋਂ, ਹੇ ਪਤੀ! ਤੈਥੋਂ ਵਿਛੁੜੀ ਹੋਈ ਹਾਂ। ਪਿਲਛੀ ਤੇ ਕਾਹੀ (ਦੇ ਸੁਫ਼ੈਦ ਬੂਰ ਵਾਂਗ ਮੇਰੇ ਕੇਸ) ਚਿੱਟੇ ਹੋ ਗਏ ਹਨ।

47597	1109	ਆਗੈ ਘਾਮ ਪਿਛੈ ਰੁਤਿ ਜਾਡਾ ਦੇਖਿ ਚਲਤ ਮਨੁ ਡੋਲੇ॥	ਪਿੱਛੈ। ਰੁੱਤਿ। ਜਾਡਾ ਚਲਤ: ਪੋਲੇ ਬੋਲੋ	Aagai Ghaam Pishhai Ruth Jaaddaa Dhaekh Chalath Man Ddolae ||	Summer is now behind us, and the winter season is ahead. Gazing upon this play, my shaky mind wavers.	(ਮੇਰੇ ਸਰੀਰ ਦਾ) ਨਿੱਘ ਅਗਾਂਹ ਲੰਘ ਗਿਆ ਹੈ (ਘਟ ਗਿਆ ਹੈ), ਉਸ ਦੇ ਪਿਛੇ ਪਿਛੇ ਸਰੀਰਕ ਕਮਜ਼ੋਰੀ ਆ ਰਹੀ ਹੈ, ਇਹ ਤਮਾਸ਼ਾ ਵੇਖ ਕੇ ਮੇਰਾ ਮਨ ਘਬਰਾ ਰਿਹਾ ਹੈ (ਕਿਉਂਕਿ ਅਜੇ ਤਕ ਤੇਰਾ ਦੀਦਾਰ ਨਹੀਂ ਹੋ ਸਕਿਆ)।
47598	1109	ਦਹ ਦਿਸਿ ਸਾਖ ਹਰੀ ਹਰੀਆਵਲ ਸਹਜਿ ਪਕੈ ਸੋ ਮੀਠਾ॥	ਹਰੀ-ਆਵਲ: ਬਿਹਾਰੀ ਦੱਬ ਕੇ ਬੋਲੋ। ਪੱਕੈ	Dheh Dhis Saakh Haree Hareeaaval Sehaj Pakai So Meethaa ||	In all ten directions, the branches are green and alive. That which ripens slowly, is sweet.	(ਕਾਹੀ ਪਿਲਛੀ ਦਾ ਹਾਲ ਵੇਖ ਕੇ ਤਾਂ ਮਨ ਡੋਲਦਾ ਹੈ, ਪਰ) ਹਰ ਪਾਸੇ (ਬਨਸਪਤੀ ਦੀਆਂ) ਹਰੀਆਂ ਸਾਖਾਂ ਦੀ ਹਰਿਆਵਲ ਵੇਖ ਕੇ (ਇਹ ਧੀਰਜ ਆਉਂਦੀ ਹੈ ਕਿ) ਅਡੋਲ ਅਵਸਥਾ ਵਿਚ (ਜੇਹੜਾ ਜੀਵ) ਦ੍ਰਿੜ੍ਹ ਰਹਿੰਦਾ ਹੈ, ਉਸੇ ਨੂੰ ਪ੍ਰਭੂ-ਮਿਲਾਪ ਦੀ ਮਿਠਾਸ (ਖ਼ੁਸ਼ੀ) ਮਿਲਦੀ ਹੈ।
47599	1109	ਨਾਨਕ ਅਸੁਨਿ ਮਿਲਹੁ ਪਿਆਰੇ ਸਤਿਗੁਰ ਭਏ ਬਸੀਠਾ॥੧੧॥		Naanak Asun Milahu Piaarae Sathigur Bheae Baseethaa ||11||	O Nanak, in Assu, please meet me, my Beloved. The True Guru has become my Advocate and Friend. ||11||	ਹੇ ਨਾਨਕ! ਅੱਸੂ (ਦੀ ਮਿੱਠੀ ਰੁੱਤ) ਵਿਚ (ਤੂੰ ਭੀ ਅਰਦਾਸ ਕਰ ਤੇ ਆਖ-) ਹੇ ਪਿਆਰੇ ਪ੍ਰਭੂ! (ਮੇਹਰ ਕਰ) ਗੁਰੂ ਦੀ ਰਾਹੀਂ ਮੈਨੂੰ ਮਿਲ ॥੧੧॥

47600	1109	ਕਤਕਿ ਕਿਰਤੁ ਪਇਆ ਜੋ ਪ੍ਰਭ ਭਾਇਆ॥	ਕੱਤਕਿ	Kathak Kirath Paeiaa Jo Prabh Bhaaeiaa ||	In Katak, that alone comes to pass, which is pleasing to the Will of God.	(ਜਿਵੇਂ) ਕੱਤਕ (ਦੇ ਮਹੀਨੇ) ਵਿਚ (ਕਿਸਾਨ ਨੂੰ ਮੁੰਜੀ ਮਕਈ ਆਦਿਕ ਸਾਵਣੀ ਦੇ ਫ਼ਸਲ ਦੀ ਕੀਤੀ ਕਮਾਈ ਮਿਲ ਜਾਂਦੀ ਹੈ, ਤਿਵੇਂ ਹਰੇਕ ਜੀਵ ਨੂੰ ਆਪਣੇ) ਕੀਤੇ ਕਰਮਾਂ ਦਾ ਫਲ (ਮਨ ਵਿਚ ਇਕੱਠੇ ਹੋਏ ਸੰਸਕਾਰਾਂ ਦੇ ਰੂਪ ਵਿਚ) ਮਿਲ ਜਾਂਦਾ ਹੈ। (ਆਪਣੇ ਕੀਤੇ ਭਲੇ ਕਰਮਾਂ ਅਨੁਸਾਰ) ਜਿਹੜਾ ਮਨੁੱਖ ਪਰਮਾਤਮਾ ਨੂੰ ਪਿਆਰਾ ਲੱਗ ਪੈਂਦਾ ਹੈ,
47601	1109	ਦੀਪਕੁ ਸਹਜਿ ਬਲੈ ਤਤਿ ਜਲਾਇਆ॥	ਤੱਤਿ	Dheepak Sehaj Balai Thath Jalaaeiaa ||	The lamp of intuition burns, lit by the essence of reality.	(ਉਸ ਦੇ ਹਿਰਦੇ ਵਿਚ) ਆਤਮਕ ਅਡੋਲਤਾ ਦੇ ਕਾਰਨ (ਆਤਮਕ ਜੀਵਨ ਦੀ ਸੂਝ ਦੇਣ ਵਾਲੇ ਚਾਨਣ ਦਾ) ਦੀਵਾ ਜਗ ਪੈਂਦਾ ਹੈ (ਇਹ ਦੀਵਾ ਉਸ ਦੇ ਅੰਦਰ) ਪ੍ਰਭੂ ਨਾਲ ਡੂੰਘੀ ਜਾਣ-ਪਛਾਣ ਨੇ ਜਗਾਇਆ ਹੁੰਦਾ ਹੈ।
47602	1109	ਦੀਪਕ ਰਸ ਤੇਲੋ ਧਨ ਪਿਰ ਮੇਲੋ ਧਨ ਓਮਾਹੈ ਸਰਸੀ॥		Dheepak Ras Thaelo Dhhan Pir Maelo Dhhan Oumaahai Sarasee ||	Love is the oil in the lamp, which unites the soul-bride with her Lord. The bride is delighted, in ecstasy.	ਜਿਸ ਜੀਵ-ਇਸਤ੍ਰੀ ਦਾ ਪ੍ਰਭੂ-ਪਤੀ ਨਾਲ ਮਿਲਾਪ ਹੋ ਜਾਂਦਾ ਹੈ (ਉਸ ਦੇ ਅੰਦਰ) ਆਤਮਕ ਜੀਵਨ ਦੀ ਸੂਝ ਦੇਣ ਵਾਲੇ ਚਾਨਣ ਦੇ ਆਨੰਦ ਦਾ (ਮਾਨੋ, ਦੀਵੇ ਵਿਚ) ਤੇਲ ਬਲ ਰਿਹਾ ਹੈ, ਉਹ ਜੀਵ-ਇਸਤ੍ਰੀ ਉਤਸ਼ਾਹ ਵਿਚ ਆਤਮਕ ਆਨੰਦ ਮਾਣਦੀ ਹੈ।

47603	1109	ਅਵਗਣ ਮਾਰੀ ਮਰੈ ਨ ਸੀਝੈ ਗੁਣਿ ਮਾਰੀ ਤਾ ਮਰਸੀ॥		Avagan Maaree Marai N Seejhai Gun Maaree Thaa Marasee ||	One who dies in faults and demerits - her death is not successful. But one who dies in glorious virtue, really truly dies.	(ਜਿਸ ਜੀਵ-ਇਸਤ੍ਰੀ ਦੇ ਜੀਵਨ ਨੂੰ) ਵਿਕਾਰਾਂ ਨੇ ਮਾਰ ਮੁਕਾਇਆ ਉਹ ਆਤਮਕ ਮੌਤੇ ਮਰ ਗਈ, ਉਹ (ਜ਼ਿੰਦਗੀ ਵਿਚ) ਕਾਮਯਾਬ ਨਹੀਂ ਹੁੰਦੀ, ਪਰ ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ ਦੀ ਸਿਫ਼ਤ-ਸਾਲਾਹ ਨੇ ਵਿਕਾਰਾਂ ਵਲੋਂ) ਮਾਰਿਆ ਉਹ ਹੀ ਵਿਕਾਰਾਂ ਵਲੋਂ ਬਚੀ ਰਹੇਗੀ।
47604	1109	ਨਾਮੁ ਭਗਤਿ ਦੇ ਨਿਜ ਘਰਿ ਬੈਠੇ ਅਜਹੁ ਤਿਨਾੜੀ ਆਸਾ॥		Naam Bhagath Dhae Nij Ghar Baithae Ajahu Thinaarree Aasaa ||	Those who are blessed with devotional worship of the Naam, the Name of the Lord, sit in the home of their own inner being. They place their hopes in You.	ਜਿਨ੍ਹਾਂ ਨੂੰ ਪਰਮਾਤਮਾ ਆਪਣਾ ਨਾਮ ਦੇਂਦਾ ਹੈ ਆਪਣੀ ਭਗਤੀ ਦੇਂਦਾ ਹੈ ਉਹ (ਵਿਕਾਰਾਂ ਵਲ ਭਟਕਣ ਦੇ ਥਾਂ) ਆਪਣੇ ਹਿਰਦੇ-ਘਰ ਵਿਚ ਟਿਕੇ ਰਹਿੰਦੇ ਹਨ, (ਉਹਨਾਂ ਦੇ ਅੰਦਰ) ਸਦਾ ਹੀ (ਪ੍ਰਭੂ-ਮਿਲਾਪ ਦੀ) ਤਾਂਘ ਬਣੀ ਰਹਿੰਦੀ ਹੈ।
47605	1109	ਨਾਨਕ ਮਿਲਹੁ ਕਪਟ ਦਰ ਖੋਲਹੁ ਏਕ ਘੜੀ ਖਟੁ ਮਾਸਾ॥੧੨॥	ਖੋ-ਲਹੁ।ਖਟੁ: ਪੋਲਾ ਬੋਲੋ	Naanak Milahu Kapatt Dhar Kholahu Eaek Gharree Khatt Maasaa ||12||	Nanak: please open the shutters of Your Door, O Lord, and meet me. A single moment is like six months to me. ||12||	ਹੇ ਨਾਨਕ! (ਉਹ ਸਦਾ ਅਰਦਾਸ ਕਰਦੇ ਹਨ-ਹੇ ਪਾਤਿਸ਼ਾਹ! ਸਾਨੂੰ) ਮਿਲ, (ਸਾਡੇ ਅੰਦਰੋਂ ਵਿਛੋੜਾ ਪਾਣ ਵਾਲੇ) ਕਿਵਾੜ ਖੋਹਲ ਦੇਹ, (ਤੇਰੇ ਨਾਲੋਂ) ਇਕ ਘੜੀ (ਦਾ ਵਿਛੋੜਾ) ਛੇ ਮਹੀਨੇ (ਦਾ ਵਿਛੋੜਾ ਜਾਪਦਾ) ਹੈ ॥੧੨॥

47606	1109	ਮੰਘਰ ਮਾਹੁ ਭਲਾ ਹਰਿ ਗੁਣ ਅੰਕਿ ਸਮਾਵਏ॥		Manghar Maahu Bhalaa Har Gun Ank Samaaveae ||	The month of Maghar is good, for those who sing the Glorious Praises of the Lord, and merge in His Being.	ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਰਕਤਿ ਨਾਲ ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਪ੍ਰਭੂ ਆ ਵੱਸਦਾ ਹੈ, ਉਸ ਨੂੰ ਮੱਘਰ ਦਾ ਮਹੀਨਾ ਚੰਗਾ ਲੱਗਦਾ ਹੈ।
47607	1109	ਗੁਣਵੰਤੀ ਗੁਣ ਰਵੈ ਮੈ ਪਿਰੁ ਨਿਹਚਲੁ ਭਾਵਏ॥		Gunavanthee Gun Ravai Mai Pir Nihachal Bhaaveae ||	The virtuous wife utters His Glorious Praises; my Beloved Husband Lord is Eternal and Unchanging.	ਇਹ ਸਦਾ-ਥਿਰ ਪਿਆਰਾ ਪ੍ਰਭੂ-ਪਤੀ ਉਸ ਗੁਣਾਂ ਵਾਲੀ ਜੀਵ-ਇਸਤ੍ਰੀ ਨੂੰ ਪਿਆਰਾ ਲੱਗਦਾ ਹੈ ਜੋ ਉਸ ਦੇ ਗੁਣ ਚੇਤੇ ਕਰਦੀ ਰਹਿੰਦੀ ਹੈ।
47608	1109	ਨਿਹਚਲੁ ਚਤੁਰੁ ਸੁਜਾਣੁ ਬਿਧਾਤਾ ਚੰਚਲੁ ਜਗਤੁ ਸਬਾਇਆ॥	ਜੱਗਤੁ	Nihachal Chathur Sujaan Bidhhaathaa Chanchal Jagath Sabaaeiaa ||	The Primal Lord is Unmoving and Unchanging, Clever and Wise; all the world is fickle.	ਹੋਰ ਸਾਰਾ ਜਗਤ ਤਾਂ ਨਾਸਵੰਤ ਹੈ, ਇਕ ਸਿਰਜਣਹਾਰ ਹੀ ਜੋ ਚਤੁਰ ਹੈ ਤੇ ਸਿਆਣਾ ਹੈ, ਸਦਾ ਕਾਇਮ ਰਹਿਣ ਵਾਲਾ ਹੈ।
47609	1109	ਗਿਆਨੁ ਧਿਆਨੁ ਗੁਣ ਅੰਕਿ ਸਮਾਣੇ ਪ੍ਰਭ ਭਾਣੇ ਤਾ ਭਾਇਆ॥		Giaan Dhhiaan Gun Ank Samaanae Prabh Bhaanae Thaa Bhaaeiaa ||	By virtue of spiritual wisdom and meditation, she merges in His Being; she is pleasing to God, and He is pleasing to her.	ਉਸ ਨੂੰ ਪ੍ਰਭੂ ਨਾਲ ਡੂੰਘੀ ਸਾਂਝ ਪ੍ਰਾਪਤ ਹੁੰਦੀ ਹੈ, ਉਸ ਦੀ ਸੁਰਤ ਪ੍ਰਭੂ-ਚਰਨਾਂ ਵਿਚ ਟਿਕਦੀ ਹੈ, ਪ੍ਰਭੂ ਦੇ ਗੁਣ ਉਸ ਦੇ ਹਿਰਦੇ ਵਿਚ ਆ ਵੱਸਦੇ ਹਨ; ਪ੍ਰਭੂ ਦੀ ਰਜ਼ਾ ਅਨੁਸਾਰ ਇਹ ਸਭ ਕੁਝ ਉਸ ਜੀਵ-ਇਸਤ੍ਰੀ ਨੂੰ ਚੰਗਾ ਲੱਗਣ ਲੱਗ ਪੈਂਦਾ ਹੈ।

47610	1109	ਗੀਤ ਨਾਦ ਕਵਿਤ ਕਵੇ ਸੁਣਿ ਰਾਮ ਨਾਮਿ ਦੁਖੁ ਭਾਗੈ॥	ਕਵਿ-ਤ: ਪੋਲਾ ਬੋਲੋ	Geeth Naadh Kavith Kavae Sun Raam Naam Dhukh Bhaagai ||	I have heard the songs and the music, and the poems of the poets; but only the Name of the Lord takes away my pain.	ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਗੀਤ ਬਾਣੀ ਕਾਵਿ ਸੁਣ ਸੁਣ ਕੇ ਪ੍ਰਭੂ ਦੇ ਨਾਮ ਵਿਚ (ਜੁੜ ਕੇ) ਉਸ ਦਾ ਹੋਰ ਸਾਰਾ ਦੁੱਖ ਦੂਰ ਹੋ ਜਾਂਦਾ ਹੈ।
47611	1109	ਨਾਨਕ ਸਾ ਧਨ ਨਾਹ ਪਿਆਰੀ ਅਭ ਭਗਤੀ ਪਿਰ ਆਗੈ॥੧੩॥		Naanak Saa Dhhan Naah Piaaree Abh Bhagathee Pir Aagai ||13||	O Nanak, that soul-bride is pleasing to her Husband Lord, who performs loving devotional worship before her Beloved. ||13||	ਹੇ ਨਾਨਕ! ਉਹ ਜੀਵ-ਇਸਤ੍ਰੀ ਪ੍ਰਭੂ-ਪਤੀ ਨੂੰ ਪਿਆਰੀ ਹੋ ਜਾਂਦੀ ਹੈ, ਉਹ ਆਪਣਾ ਦਿਲੀ ਪਿਆਰ ਪ੍ਰਭੂ ਦੇ ਅੱਗੇ (ਭੇਟ) ਪੇਸ਼ ਕਰਦੀ ਹੈ ॥੧੩॥
47612	1109	ਪੋਖਿ ਤੁਖਾਰੁ ਪੜੈ ਵਣੁ ਤ੍ਰਿਣੁ ਰਸੁ ਸੋਖੈ॥	ਪੜੈ: ਪੋਲਾ ਬੋਲੋ	Pokh Thukhaar Parrai Van Thrin Ras Sokhai ||	In Poh, the snow falls, and the sap of the trees and the fields dries up.	ਪੋਹ (ਦੇ ਮਹੀਨੇ) ਵਿਚ ਕੱਕਰ ਪੈਂਦਾ ਹੈ, ਉਹ ਵਣ ਨੂੰ ਘਾਹ ਨੂੰ (ਹਰੇਕ ਘਾਹ-ਬੂਟ ਦੇ) ਰਸ ਨੂੰ ਸੁਕਾ ਦੇਂਦਾ ਹੈ (ਪ੍ਰਭੂ ਦੀ ਯਾਦ ਭੁਲਾਇਆਂ ਜਿਸ ਮਨੁੱਖ ਦੇ ਅੰਦਰ ਕੋਰਾਪਨ ਜ਼ੋਰ ਪਾਂਦਾ ਹੈ, ਉਹ ਉਸ ਦੇ ਜੀਵਨ ਵਿਚੋਂ ਪ੍ਰੇਮ-ਰਸ ਸੁਕਾ ਦੇਂਦਾ ਹੈ)।
47613	1109	ਆਵਤ ਕੀ ਨਾਹੀ ਮਨਿ ਤਨਿ ਵਸਹਿ ਮੁਖੇ॥		Aavath Kee Naahee Man Than Vasehi Mukhae ||	Why have You not come? I keep You in my mind, body and mouth.	ਹੇ ਪ੍ਰਭੂ! ਤੂੰ ਆ ਕੇ ਮੇਰੇ ਮਨ ਵਿਚ ਮੇਰੇ ਤਨ ਵਿਚ ਮੇਰੇ ਮੂੰਹ ਵਿਚ ਕਿਉਂ ਨਹੀਂ ਵੱਸਦਾ? (ਤਾ ਕਿ ਮੇਰਾ ਜੀਵਨ ਰੁੱਖਾ ਨ ਹੋ ਜਾਏ)।

47614	1109	ਮਨਿ ਤਨਿ ਰਵਿ ਰਹਿਆ ਜਗਜੀਵਨੁ ਗੁਰ ਸਬਦੀ ਰੰਗੁ ਮਾਣੀ॥		Man Than Rav Rehiaa Jagajeevan Gur Sabadhee Rang Maanee ||	He is permeating and pervading my mind and body; He is the Life of the World. Through the Word of the Guru's Shabad, I enjoy His Love.	ਜਿਸ ਜੀਵ ਦੇ ਮਨ ਵਿਚ ਤਨ ਵਿਚ ਸਾਰੇ ਜਗਤ ਦਾ ਆਸਰਾ ਪ੍ਰਭੂ ਆ ਵੱਸਦਾ ਹੈ, ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ ਪ੍ਰਭੂ ਦੇ ਮਿਲਾਪ ਦਾ ਆਨੰਦ ਮਾਣਦਾ ਹੈ।
47615	1109	ਅੰਡਜ ਜੇਰਜ ਸੇਤਜ ਉਤਭੁਜ ਘਟਿ ਘਟਿ ਜੋਤਿ ਸਮਾਣੀ॥		Anddaj Jaeraj Saethaj Outhabhuj Ghatt Ghatt Joth Samaanee ||	His Light fills all those born of eggs, born from the womb, born of sweat and born of the earth, each and every heart.	ਉਸ ਨੂੰ ਚੌਹਾਂ ਖਾਣੀਆਂ ਦੇ ਜੀਵਾਂ ਵਿਚ ਹਰੇਕ ਘਟ ਵਿਚ ਪ੍ਰਭੂ ਦੀ ਹੀ ਜੋਤਿ ਸਮਾਈ ਦਿੱਸਦੀ ਹੈ।
47616	1109	ਦਰਸਨੁ ਦੇਹੁ ਦਇਆ ਪਤਿ ਦਾਤੇ ਗਤਿ ਪਾਵਉ ਮਤਿ ਦੇਹੋ॥	ਦਇਆ-ਪਤਿ	Dharasan Dhaehu Dhaeiaapath Dhaathae Gath Paavo Math Dhaeho ||	Grant me the Blessed Vision of Your Darshan, O Lord of Mercy and Compassion. O Great Giver, grant me understanding, that I might find salvation.	ਹੇ ਦਿਆਲ ਦਾਤਾਰ! ਮੈਨੂੰ ਆਪਣਾ ਦਰਸਨ ਦੇਹ, ਮੈਨੂੰ (ਚੰਗੀ) ਅਕਲ ਦੇਹ, (ਜਿਸ ਕਰਕੇ) ਮੈਂ ਉੱਚੀ ਆਤਮਕ ਅਵਸਥਾ ਹਾਸਲ ਕਰ ਸਕਾਂ (ਤੇ ਤੈਨੂੰ ਹਰ ਥਾਂ ਵੇਖ ਸਕਾਂ)।
47617	1109	ਨਾਨਕ ਰੰਗਿ ਰਵੈ ਰਸਿ ਰਸੀਆ ਹਰਿ ਸਿਉ ਪ੍ਰੀਤਿ ਸਨੇਹੋ॥੧੪॥		Naanak Rang Ravai Ras Raseeaa Har Sio Preeth Sanaeho ||14||	O Nanak, the Lord enjoys, savors and ravishes the bride who is in love with Him. ||14||	ਹੇ ਨਾਨਕ! ਜਿਸ ਮਨੁੱਖ ਦੀ ਪ੍ਰੀਤ ਜਿਸ ਦਾ ਪਿਆਰ ਪਰਮਾਤਮਾ ਨਾਲ ਬਣ ਜਾਂਦਾ ਹੈ, ਉਹ ਪ੍ਰੇਮੀ ਪ੍ਰਭੂ ਦੇ ਪਿਆਰ ਵਿਚ (ਜੁੜ ਕੇ) ਉਸ ਦੇ ਗੁਣ ਆਨੰਦ ਨਾਲ ਯਾਦ ਕਰਦਾ ਹੈ ॥੧੪॥

47618	1109	ਮਾਘਿ ਪੁਨੀਤ ਭਈ ਤੀਰਥੁ ਅੰਤਰਿ ਜਾਨਿਆ॥		Maagh Puneeth Bhee Theerathh Anthar Jaaniaa ||	In Maagh, I become pure; I know that the sacred shrine of pilgrimage is within me.	ਮਾਘ (ਮਹੀਨੇ) ਵਿਚ (ਲੋਕ ਪ੍ਰਯਾਗ ਆਦਿਕ ਉਤੇ ਇਸ਼ਨਾਨ ਕਰਨ ਵਿਚ ਪਵਿਤ੍ਰਤਾ ਮੰਨਦੇ ਹਨ ਪਰ) ਜਿਸ ਜੀਵ ਨੇ ਆਪਣੇ ਹਿਰਦੇ ਵਿਚ ਹੀ ਤੀਰਥ ਪਛਾਣ ਲਿਆ ਹੈ ਉਸ ਦੀ ਜਿੰਦ ਪਵਿਤ੍ਰ ਹੋ ਜਾਂਦੀ ਹੈ।
47619	1109	ਸਾਜਨ ਸਹਜਿ ਮਿਲੇ ਗੁਣ ਗਹਿ ਅੰਕਿ ਸਮਾਨਿਆ॥		Saajan Sehaj Milae Gun Gehi Ank Samaaniaa ||	I have met my Friend with intuitive ease; I grasp His Glorious Virtues, and merge in His Being.	ਜੋ ਜੀਵ ਪਰਮਾਤਮਾ ਦੇ ਗੁਣ ਆਪਣੇ ਹਿਰਦੇ ਵਿਚ ਵਸਾ ਕੇ ਉਸ ਦੇ ਚਰਨਾਂ ਵਿਚ ਲੀਨ ਹੁੰਦਾ ਹੈ, ਉਹ ਅਡੋਲ ਅਵਸਥਾ ਵਿਚ ਟਿਕ ਜਾਂਦਾ ਹੈ ਜਿਥੇ ਉਸ ਨੂੰ ਸੱਜਣ-ਪ੍ਰਭੂ ਮਿਲ ਪੈਂਦਾ ਹੈ।
47620	1109	ਪ੍ਰੀਤਮ ਗੁਣ ਅੰਕੇ ਸੁਣਿ ਪ੍ਰਭ ਬੰਕੇ ਤੁਧੁ ਭਾਵਾ ਸਰਿ ਨਾਵਾ॥	ਨਾਵ੍ਹਾਂ	Preetham Gun Ankae Sun Prabh Bankae Thudhh Bhaavaa Sar Naavaa ||	O my Beloved, Beauteous Lord God, please listen: I sing Your Glories, and merge in Your Being. If it is pleasing to Your Will, I bathe in the sacred pool within.	ਹੇ ਸੋਹਣੇ ਪ੍ਰੀਤਮ ਪ੍ਰਭੂ! ਜੇ ਤੇਰੇ ਗੁਣ ਮੈਂ ਆਪਣੇ ਹਿਰਦੇ ਵਿਚ ਵਸਾ ਕੇ ਤੇਰੀ ਸਿਫ਼ਤ-ਸਾਲਾਹ ਸੁਣ ਕੇ ਤੈਨੂੰ ਚੰਗਾ ਲੱਗਣ ਲੱਗ ਪਵਾਂ, ਤਾਂ ਮੈਂ ਤੀਰਥ ਉਤੇ ਇਸ਼ਨਾਨ ਕਰ ਲਿਆ (ਸਮਝਦਾ ਹਾਂ)।

47621	1109	ਗੰਗ ਜਮੁਨ ਤਹ ਬੇਣੀ ਸੰਗਮ ਸਾਤ ਸਮੁੰਦ ਸਮਾਵਾ॥		Gang Jamun Theh Baenee Sangam Saath Samundh Samaavaa ||	The Ganges, Jamunaa, the sacred meeting place of the three rivers, the seven seas,	ਤੇਰੇ ਚਰਨਾਂ ਵਿਚ ਲੀਨਤਾ ਵਾਲੀ ਅਵਸਥਾ ਹੀ ਗੰਗਾ ਜਮਨਾ ਸਰਸ੍ਵਤੀ ਤਿੰਨਾਂ ਨਦੀਆਂ ਦਾ ਮਿਲਾਪ-ਥਾਂ ਹੈ ਤ੍ਰਿਬੇਣੀ ਹੈ, ਉਥੇ ਹੀ ਮੈਂ ਸੱਤੇ ਸਮੁੰਦਰ ਸਮਾਏ ਮੰਨਦਾ ਹਾਂ।
47622	1109	ਪੁੰਨ ਦਾਨ ਪੂਜਾ ਪਰਮੇਸੁਰ ਜੁਗਿ ਜੁਗਿ ਏਕੋ ਜਾਤਾ॥		Punn Dhaan Poojaa Paramaesur Jug Jug Eaeko Jaathaa ||	Charity, donations, adoration and worship all rest in the Transcendent Lord God; throughout the ages, I realize the One.	ਜਿਸ ਮਨੁੱਖ ਨੇ ਹਰੇਕ ਜੁਗ ਵਿਚ ਵਿਆਪਕ ਪਰਮੇਸਰ ਨਾਲ ਸਾਂਝ ਪਾ ਲਈ ਉਸ ਨੇ (ਤੀਰਥ-ਇਸ਼ਨਾਨ ਆਦਿਕ) ਸਾਰੇ ਪੁੰਨ ਕਰਮ ਦਾਨ ਤੇ ਪੂਜਾ ਕਰਮ ਕਰ ਲਏ।
47623	1109	ਨਾਨਕ ਮਾਘਿ ਮਹਾ ਰਸੁ ਹਰਿ ਜਪਿ ਅਠਸਠਿ ਤੀਰਥ ਨਾਤਾ॥੧੫॥	ਨ੍ਹਾਤਾ	Naanak Maagh Mehaa Ras Har Jap Athasath Theerathh Naathaa ||15||	O Nanak, in Maagh, the most sublime essence is meditation on the Lord; this is the cleansing bath of the sixty-eight sacred shrines of pilgrimage. ||15||	ਹੇ ਨਾਨਕ! ਮਾਘ ਮਹੀਨੇ ਵਿਚ (ਤੀਰਥ-ਇਸ਼ਨਾਨ ਆਦਿਕ ਦੇ ਥਾਂ) ਜਿਸ ਨੇ ਪ੍ਰਭੂ ਦਾ ਨਾਮ ਸਿਮਰ ਕੇ ਪ੍ਰਭੂ-ਨਾਮ ਦਾ ਮਹਾ ਰਸ ਪੀ ਲਿਆ, ਉਸ ਨੇ ਅਠਾਹਠ ਹੀ ਤੀਰਥਾਂ ਦਾ ਇਸ਼ਨਾਨ ਕਰ ਲਿਆ ॥੧੫॥

47624	1109	ਫਲਗੁਨਿ ਮਨਿ ਰਹਸੀ ਪ੍ਰੇਮੁ ਸੁਭਾਇਆ॥	ਰਹਸੀ: ਪੋਲਾ ਬੋਲੋ। ਮਿਲਵਾਂ	Falagun Man Rehasee Praem Subhaaeiaa ||	In Phalgun, her mind is enraptured, pleased by the Love of her Beloved.	(ਸਿਆਲੀ ਰੁੱਤ ਦੀ ਕਰੜੀ ਸਰਦੀ ਪਿਛੋਂ ਬਹਾਰ ਫਿਰਨ ਤੇ) ਫੱਗਣ ਦੇ ਮਹੀਨੇ ਵਿਚ (ਲੋਕ ਹੋਲੀਆਂ ਦੇ ਰੰਗ-ਤਮਾਸ਼ਿਆਂ ਦੀ ਰਾਹੀਂ ਖ਼ੁਸ਼ੀਆਂ ਮਨਾਂਦੇ ਹਨ, ਪਰ ਜਿਸ ਜੀਵ-ਇਸਤ੍ਰੀ ਨੂੰ ਆਪਣੇ ਮਨ ਵਿਚ) ਪ੍ਰਭੂ ਦਾ ਪਿਆਰ ਮਿੱਠਾ ਲੱਗਾ, ਉਸ ਦੇ ਮਨ ਵਿਚ ਅਸਲ ਆਨੰਦ ਪੈਦਾ ਹੋਇਆ ਹੈ;
47625	1109	ਅਨ ਦਿਨੁ ਰਹਸੁ ਭਇਆ ਆਪੁ ਗਵਾਇਆ॥		Anadhin Rehas Bhaeiaa Aap Gavaaeiaa ||	Night and day, she is enraptured, and her selfishness is gone.	ਜਿਸ ਨੇ ਆਪਾ-ਭਾਵ ਗਵਾਇਆ ਹੈ, ਉਸ ਦੇ ਅੰਦਰ ਹਰ ਵੇਲੇ ਹੀ ਖਿੜਾਉ ਬਣਿਆ ਰਹਿੰਦਾ ਹੈ।
47626	1109	ਮਨ ਮੋਹੁ ਚੁਕਾਇਆ ਜਾ ਤਿਸੁ ਭਾਇਆ ਕਰਿ ਕਿਰਪਾ ਘਰਿ ਆਓ॥		Man Mohu Chukaaeiaa Jaa This Bhaaeiaa Kar Kirapaa Ghar Aaou ||	Emotional attachment is eradicated from her mind, when it pleases Him; in His Mercy, He comes to my home.	(ਪਰ ਆਪਾ-ਭਾਵ ਗਵਾਣਾ ਕੋਈ ਸੌਖੀ ਖੇਡ ਨਹੀਂ ਹੈ) ਜਦੋਂ ਪ੍ਰਭੂ ਆਪ ਹੀ ਮਿਹਰ ਕਰਦਾ ਹੈ, ਤਾਂ ਜੀਵ ਆਪਣੇ ਮਨ ਵਿਚੋਂ ਮਾਇਆ ਦਾ ਮੋਹ ਮੁਕਾਂਦਾ ਹੈ, ਪ੍ਰਭੂ ਭੀ ਮਿਹਰ ਕਰ ਕੇ ਉਸ ਦੇ ਹਿਰਦੇ-ਘਰ ਵਿਚ ਆ ਪ੍ਰਵੇਸ਼ ਕਰਦਾ ਹੈ।
47627	1109	ਬਹੁਤੇ ਵੇਸ ਕਰੀ ਪਿਰ ਬਾਝਹੁ ਮਹਲੀ ਲਹਾ ਨ ਥਾਓ॥		Bahuthae Vaes Karee Pir Baajhahu Mehalee Lehaa N Thhaaou ||	I dress in various clothes, but without my Beloved, I shall not find a place in the Mansion of His Presence.	ਪ੍ਰਭੂ-ਮਿਲਾਪ ਤੋਂ ਬਿਨਾ ਹੀ ਮੈਂ ਬਥੇਰੇ (ਧਾਰਮਿਕ) ਸਿੰਗਾਰ (ਬਾਹਰੋਂ ਦਿੱਸਦੇ ਧਾਰਮਿਕ ਕੰਮ) ਕੀਤੇ, ਪਰ ਉਸ ਦੇ ਚਰਨਾਂ ਵਿਚ ਮੈਨੂੰ ਟਿਕਾਣਾ ਨਾਹ ਹੀ ਮਿਲਿਆ।

47628	1109	ਹਾਰ ਡੋਰ ਰਸ ਪਾਟ ਪਟੰਬਰ ਪਿਰਿ ਲੋੜੀ ਸੀਗਾਰੀ॥		Haar Ddor Ras Paatt Pattanbar Pir Lorree Seegaaree ||	I have adorned myself with garlands of flowers, pearl necklaces, scented oils and silk robes.	ਹਾਂ, ਜਿਸ ਨੂੰ ਪਤੀ-ਪ੍ਰਭੂ ਨੇ ਪਸੰਦ ਕਰ ਲਿਆ, ਉਹ ਸਾਰੇ ਹਾਰ-ਸਿੰਗਾਰਾਂ ਰੇਸ਼ਮੀ ਕੱਪੜਿਆਂ ਨਾਲ ਸਿੰਗਾਰੀ ਗਈ।
47629	1109	ਨਾਨਕ ਮੇਲਿ ਲਈ ਗੁਰਿ ਅਪਨੈ ਘਰਿ ਵਰੁ ਪਾਇਆ ਨਾਰੀ॥੧੬॥		Naanak Mael Lee Gur Apanai Ghar Var Paaeiaa Naaree ||16||	O Nanak, the Guru has united me with Him. The soul-bride has found her Husband Lord, within the home of her own heart. ||16||	ਹੇ ਨਾਨਕ! ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਨੇ ਆਪਣੇ ਗੁਰੂ ਦੀ ਰਾਹੀਂ (ਆਪਣੇ ਨਾਲ) ਮਿਲਾ ਲਿਆ, ਉਸ ਨੂੰ ਹਿਰਦੇ-ਘਰ ਵਿਚ ਹੀ ਖਸਮ-ਪ੍ਰਭੂ ਮਿਲ ਪਿਆ ॥੧੬॥
47630	1109	ਬੇ ਦਸ ਮਾਹ ਰੁਤੀ ਥਿਤੀ ਵਾਰ ਭਲੇ॥	(ਬੇ) ਦੋ ਤੇ (ਦਸ), ਬਾਰਾਂ ਮਾਹ ਮਹੀਨੇ। ਦਸ: ਪੋਲਾ ਬੋਲੋ। ਰੁੱਤੀ। ਥਿੱਤੀ	Bae Dhas Maah Ruthee Thhithee Vaar Bhalae ||	The twelve months, the seasons, the weeks, the days, the hours, the minutes and the seconds are all sublime,	ਜਿਸ ਜੀਵ-ਇਸਤ੍ਰੀ ਦੇ ਅਡੋਲ ਹੋਏ ਹਿਰਦੇ ਵਿਚ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਆ ਟਿਕਦਾ ਹੈ, ਉਸ ਨੂੰ ਬਾਰਾਂ ਹੀ ਮਹੀਨੇ, ਸਾਰੀਆਂ ਰੁੱਤਾਂ, ਸਾਰੀਆਂ ਥਿੱਤਾਂ, ਸਾਰੇ ਦਿਨ ਸੁਲੱਖਣੇ ਜਾਪਦੇ ਹਨ।

47631	1109	ਘੜੀ ਮੂਰਤ ਪਲ ਸਾਚੇ ਆਏ ਸਹਜਿ ਮਿਲੇ॥	(ਮੂਰਤ) ਦੋ ਘੜੀ	Gharree Moorath Pal Saachae Aaeae Sehaj Milae ||	When the True Lord comes and meets her with natural ease.	ਸਾਰੀਆਂ ਘੜੀਆਂ, ਸਾਰੇ ਮੁਹੂਰਤ ਤੇ ਪਲ ਸੁਲੱਖਣੇ ਜਾਪਦੇ ਹਨ (ਉਸ ਨੂੰ ਕਿਸੇ ਸੰਗ੍ਰਾਂਦ ਮੱਸਿਆ ਆਦਿਕ ਦੀ ਹੀ ਪਵਿਤ੍ਰਤਾ ਦਾ ਭਰਮ-ਭੁਲੇਖਾ ਨਹੀਂ ਰਹਿੰਦਾ)। (ਉਹ ਜੀਵ-ਇਸਤ੍ਰੀ ਕਿਸੇ ਕੰਮ ਨੂੰ ਸ਼ੁਰੂ ਕਰਨ ਵਾਸਤੇ ਕੋਈ ਖ਼ਾਸ ਮੁਹੂਰਤ ਨਹੀਂ ਭਾਲਦੀ, ਉਸ ਨੂੰ ਇਹ ਯਕੀਨ ਹੁੰਦਾ ਹੈ ਕਿ) ਜਦੋਂ ਪਿਆਰਾ ਪ੍ਰਭੂ ਮਿਲ ਪਏ,
47632	1109	ਪ੍ਰਭ ਮਿਲੇ ਪਿਆਰੇ ਕਾਰਜ ਸਾਰੇ ਕਰਤਾ ਸਭ ਬਿਧਿ ਜਾਣੈ॥		Prabh Milae Piaarae Kaaraj Saarae Karathaa Sabh Bidhh Jaanai ||	God, my Beloved, has met me, and my affairs are all resolved. The Creator Lord knows all ways and means.	(ਭਾਵ, ਪਰਮਾਤਮਾ ਦਾ ਆਸਰਾ ਲਿਆਂ) ਸਭ ਕੰਮ ਰਾਸ ਆ ਜਾਂਦੇ ਹਨ, ਕਰਤਾਰ ਹੀ (ਜੀਵ ਨੂੰ ਸਫਲਤਾ ਦੇਣ ਦੀਆਂ) ਸਾਰੀਆਂ ਬਿਧੀਆਂ ਜਾਣਦਾ ਹੈ।
47633	1109	ਜਿਨਿ ਸੀਗਾਰੀ ਤਿਸਹਿ ਪਿਆਰੀ ਮੇਲੁ ਭਇਆ ਰੰਗੁ ਮਾਣੈ॥		Jin Seegaaree Thisehi Piaaree Mael Bhaeiaa Rang Maanai ||	I am loved by the One who has embellished and exalted me; I have met Him, and I savor His Love.	(ਪਰ ਇਹ ਸਿਦਕ-ਸਰਧਾ ਦਾ ਆਤਮਕ ਸੋਹਜ ਪਰਮਾਤਮਾ ਆਪ ਹੀ ਦੇਂਦਾ ਹੈ) ਪ੍ਰਭੂ ਨੇ ਆਪ ਹੀ ਜੀਵ-ਇਸਤ੍ਰੀ ਦੇ ਆਤਮਾ ਨੂੰ ਸੰਵਾਰਨਾ ਹੈ, ਤੇ ਆਪ ਹੀ ਉਸ ਨੂੰ ਪਿਆਰਨਾ ਹੈ। (ਉਸ ਦੀ ਮਿਹਰ ਨਾਲ ਹੀ) ਜੀਵ-ਇਸਤ੍ਰੀ ਦਾ ਪ੍ਰਭੂ-ਪਤੀ ਨਾਲ ਮੇਲ ਹੁੰਦਾ ਹੈ, ਤੇ ਉਹ ਆਤਮਕ ਆਨੰਦ ਮਾਣਦੀ ਹੈ।

47634	1109	ਘਰਿ ਸੇਜ ਸੁਹਾਵੀ ਜਾ ਪਿਰਿ ਰਾਵੀ ਗੁਰਮੁਖਿ ਮਸਤਕਿ ਭਾਗੋ॥		Ghar Saej Suhaavee Jaa Pir Raavee Guramukh Masathak Bhaago ||	The bed of my heart becomes beautiful, when my Husband Lord ravishes me. As Gurmukh, the destiny on my forehead has been awakened and activated.	ਗੁਰੂ ਦੀ ਰਾਹੀਂ ਜਿਸ ਜੀਵ-ਇਸਤ੍ਰੀ ਦੇ ਮੱਥੇ ਦਾ ਲੇਖ ਉੱਘੜਿਆ, (ਉਸ ਅਨੁਸਾਰ) ਜਦੋਂ ਪ੍ਰਭੂ-ਪਤੀ ਨੇ ਉਸ ਨੂੰ ਆਪਣੇ ਚਰਨਾਂ ਨਾਲ ਜੋੜਿਆ, ਉਸ ਦੀ ਹਿਰਦਾ-ਸੇਜ ਸੁੰਦਰ ਹੋ ਗਈ ਹੈ।
47635	1110	ਨਾਨਕ ਅਹਿ ਨਿਸਿ ਰਾਵੈ ਪ੍ਰੀਤਮੁ ਹਰਿ ਵਰੁ ਥਿਰੁ ਸੋਹਾਗੋ॥੧੭॥੧॥		Naanak Ahinis Raavai Preetham Har Var Thhir Sohaago ||17||1||	O Nanak, day and night, my Beloved enjoys me; with the Lord as my Husband, my Marriage is Eternal. ||17||1||	ਹੇ ਨਾਨਕ! ਉਸ ਸੁਭਾਗ ਜੀਵ-ਇਸਤ੍ਰੀ ਨੂੰ ਪ੍ਰੀਤਮ-ਪ੍ਰਭੂ ਦਿਨ ਰਾਤ ਮਿਲਿਆ ਰਹਿੰਦਾ ਹੈ, ਪ੍ਰਭੂ-ਪਤੀ ਉਸ ਦਾ ਸਦਾ ਲਈ ਕਾਇਮ ਰਹਿਣ ਵਾਲਾ ਸੁਹਾਗ ਬਣ ਜਾਂਦਾ ਹੈ ॥੧੭॥੧॥
47636	1110	ਤੁਖਾਰੀ ਮਹਲਾ ੧॥		Thukhaaree Mehalaa 1 ||	Tukhaari, First Mehl:	
47637	1110	ਪਹਿਲੈ ਪਹਰੈ ਨੈਣ ਸਲੋਨੜੀਏ ਰੈਣਿ ਅੰਧਿਆਰੀ ਰਾਮ॥	(ਸਲੋਨੜੀਏ) ਪਤੀ ਰਾਮਜੀ ਬਿਨਾ ਹੋਰ ਕਿਸੇ ਨੂੰ ਨ ਦੇਖਣ ਵਾਲੇ ਮਹਾਂ ਵਿਸਮਾਦ ਸੁੰਦਰ ਨੇਤ੍ਰਾਂ ਵਾਲੀ ਗੁਰਸੇਵਕ ਸਖੀ। (ਰੈਣਿ) ਅਵਸਥਾ ਰੂਪੀ ਰਾਤ	Pehilai Peharai Nain Salonarreeeae Rain Andhhiaaree Raam ||	In the first watch of the dark night, O bride of splendored eyes,	ਹੇ ਸੋਹਣੇ ਨੇਤ੍ਰਾਂ ਵਾਲੀਏ! (ਹੇ ਜੀਵ-ਇਸਤ੍ਰੀਏ! ਆਤਮਕ ਜੀਵਨ ਦਾ ਰਸਤਾ ਵੇਖਣ ਲਈ ਤੈਨੂੰ ਸੋਹਣੇ ਗਿਆਨ ਨੇਤ੍ਰ ਮਿਲੇ ਸਨ, ਪਰ ਜ਼ਿੰਦਗੀ ਦੀ ਰਾਤ ਦੇ) ਪਹਿਲੇ ਹਿੱਸੇ ਵਿਚ (ਤੇਰੀਆਂ ਉਹਨਾਂ) ਅੱਖਾਂ ਵਾਸਤੇ (ਅਗਿਆਨਤਾ ਦੀ) ਹਨੇਰੀ ਰਾਤ (ਬਣੀ ਰਹਿੰਦੀ ਹੈ)।

47638	1110	ਵਖਰੁ ਰਾਖੁ ਮੁਈਏ ਆਵੈ ਵਾਰੀ ਰਾਮ॥		Vakhar Raakh Mueeeae Aavai Vaaree Raam ||	Protect your riches; your turn is coming soon.	(ਇਸ ਆਤਮਕ ਹਨੇਰੇ ਵਿਚ ਰਹਿ ਕੇ) ਹੇ ਆਤਮਕ ਮੌਤ ਸਹੇੜ ਰਹੀ ਜੀਵ-ਇਸਤ੍ਰੀਏ! (ਹੋਸ਼ ਕਰ, ਆਪਣੇ ਆਤਮਕ ਜੀਵਨ ਦਾ) ਸੌਦਾ ਸਾਂਭ ਕੇ ਰੱਖ, (ਜਿਹੜੀ ਭੀ ਜੀਵ-ਇਸਤ੍ਰੀ ਇਥੇ ਆਉਂਦੀ ਹੈ, ਇਥੋਂ ਚਲੇ ਜਾਣ ਵਾਸਤੇ ਹਰੇਕ ਦੀ) ਵਾਰੀ ਆ ਜਾਂਦੀ ਹੈ।
47639	1110	ਵਾਰੀ ਆਵੈ ਕਵਣੁ ਜਗਾਵੈ ਸੂਤੀ ਜਮ ਰਸੁ ਚੂਸਏ॥	ਚੂ-ਸਏ	Vaaree Aavai Kavan Jagaavai Soothee Jam Ras Chooseae ||	When your turn comes, who will wake you? While you sleep, your juice shall be sucked out by the Messenger of Death.	(ਜ਼ਰੂਰ ਹਰੇਕ ਦੀ) ਵਾਰੀ ਆ ਜਾਂਦੀ ਹੈ। (ਪਰ ਜਿਹੜੀ ਜੀਵ-ਇਸਤ੍ਰੀ ਮਾਇਆ ਦੇ ਮੋਹ ਵਿਚ ਫਸ ਕੇ ਆਤਮਕ ਜੀਵਨ ਵਲੋਂ) ਬੇ-ਪਰਵਾਹ ਹੋਈ ਰਹਿੰਦੀ ਹੈ, ਉਹ ਜਮਾਂ ਨਾਲ ਵਾਹ ਪਾਣ ਵਾਲਾ ਮਾਇਕ ਪਦਾਰਥਾਂ ਦਾ ਰਸ ਚੂਸਦੀ ਰਹਿੰਦੀ ਹੈ? (ਅਜਿਹੀ ਨੂੰ) ਜਗਾਏ ਭੀ ਕੌਣ?

47640	1110	ਰੈਣਿ ਅੰਧੇਰੀ ਕਿਆ ਪਤਿ ਤੇਰੀ ਚੋਰੁ ਪੜੈ ਘਰੁ ਮੂਸਏ॥	ਪੜੈ: ਝਾੜੇ ਹਲੰਤ ਨ ਲਾਉ। ਮੂ-ਸਏ	Rain Andhhaeree Kiaa Path Thaeree Chor Parrai Ghar Mooseae ||	The night is so dark; what will become of your honor? The thieves will break into your home and rob you.	ਹੇ ਸੋਹਣੇ ਨੈਣਾਂ ਵਾਲੀਏ! (ਜੇ ਆਤਮਕ ਜੀਵਨ ਵਲੋਂ ਤੇਰੀਆਂ ਅੱਖਾਂ ਵਾਸਤੇ) ਹਨੇਰੀ ਰਾਤ (ਹੀ ਬਣੀ ਰਹੀ, ਤਾਂ) ਲੋਕ ਪਰਲੋਕ ਵਿਚ ਕਿਤੇ ਭੀ) ਤੈਨੂੰ ਇੱਜ਼ਤ ਨਹੀਂ ਮਿਲੇਗੀ। (ਅਜਿਹੀ ਸੁੱਤੀ ਹੋਈ ਜੀਵ-ਇਸਤ੍ਰੀ ਦੇ ਹਿਰਦੇ-ਘਰ ਵਿਚ ਕਾਮਾਦਿਕ ਹਰੇਕ) ਚੋਰ ਸੰਨ੍ਹ ਲਾਈ ਰੱਖਦਾ ਹੈ (ਤੇ, ਉਸ ਦਾ ਹਿਰਦਾ-) ਘਰ ਲੁੱਟ ਲੈਂਦਾ ਹੈ।
47641	1110	ਰਾਖਣਹਾਰਾ ਅਗਮ ਅਪਾਰਾ ਸੁਣਿ ਬੇਨੰਤੀ ਮੇਰੀਆ॥		Raakhanehaaraa Agam Apaaraa Sun Baenanthee Maereeaa ||	O Saviour Lord, Inaccessible and Infinite, please hear my prayer.	ਹੇ ਰੱਖਿਆ ਕਰ ਸਕਣ ਵਾਲੇ ਪ੍ਰਭੂ! ਹੇ ਅਪਹੁੰਚ ਪ੍ਰਭੂ! ਹੇ ਬੇ-ਅੰਤ ਪ੍ਰਭੂ! ਮੇਰੀ ਬੇਨਤੀ ਸੁਣ। (ਮੇਰੀ ਜੀਵਨ-ਰਾਤ ਨੂੰ ਵਿਕਾਰਾਂ ਦਾ ਘੁੱਪ ਹਨੇਰਾ ਦਬਾਈ ਨਾਹ ਰੱਖੇ)।
47642	1110	ਨਾਨਕ ਮੂਰਖੁ ਕਬਹਿ ਨ ਚੇਤੈ ਕਿਆ ਸੂਝੈ ਰੈਣਿ ਅੰਧੇਰੀਆ॥੧॥		Naanak Moorakh Kabehi N Chaethai Kiaa Soojhai Rain Andhhaereeaa ||1||	O Nanak, the fool never remembers Him; what can he see in the dark of night? ||1||	ਹੇ ਨਾਨਕ! ਮੂਰਖ ਮਨੁੱਖ ਕਦੇ ਭੀ (ਪਰਮਾਤਮਾ ਨੂੰ) ਯਾਦ ਨਹੀਂ ਕਰਦਾ (ਵਿਕਾਰਾਂ ਦੀ ਘੁੱਪ) ਹਨੇਰੀ (ਜੀਵਨ-) ਰਾਤ ਵਿਚ (ਉਸ ਨੂੰ ਆਤਮਕ ਜੀਵਨ ਦਾ ਸਹੀ ਰਸਤਾ) ਸੁੱਝਦਾ ਹੀ ਨਹੀਂ ॥੧॥
47643	1110	ਦੂਜਾ ਪਹਰੁ ਭਇਆ ਜਾਗੁ ਅਚੇਤੀ ਰਾਮ॥		Dhoojaa Pehar Bhaeiaa Jaag Achaethee Raam ||	The second watch has begun; wake up, you unconscious being!	ਹੇ ਗ਼ਾਫ਼ਿਲ ਜੀਵ-ਇਸਤ੍ਰੀ! (ਹੁਣ ਤਾਂ ਤੇਰੀ ਜ਼ਿੰਦਗੀ ਦੀ ਰਾਤ ਦਾ) ਦੂਜਾ ਪਹਰ ਲੰਘ ਰਿਹਾ ਹੈ (ਹੁਣ ਤਾਂ ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਸੁਚੇਤ ਹੋ।

47644	1110	ਵਖਰੁ ਰਾਖੁ ਮੁਈਏ ਖਾਜੈ ਖੇਤੀ ਰਾਮ॥	ਵੱਖਰੁ	Vakhar Raakh Mueeeae Khaajai Khaethee Raam ||	Protect your riches, O mortal; your farm is being eaten.	ਹੇ ਆਤਮਕ ਮੌਤ ਸਹੇੜ ਰਹੀ ਜੀਵ-ਇਸਤ੍ਰੀਏ! (ਆਪਣੇ ਆਤਮਕ ਜੀਵਨ ਦਾ) ਸੌਦਾ ਸਾਂਭ ਕੇ ਰੱਖ, (ਤੇਰੇ ਆਤਮਕ ਗੁਣਾਂ ਵਾਲੀ) ਫ਼ਸਲ (ਵਿਕਾਰਾਂ ਦੇ ਮੂੰਹ ਆ ਕੇ) ਖਾਧੀ ਜਾ ਰਹੀ ਹੈ।
47645	1110	ਰਾਖਹੁ ਖੇਤੀ ਹਰਿ ਗੁਰ ਹੇਤੀ ਜਾਗਤ ਚੋਰੁ ਨ ਲਾਗੈ॥		Raakhahu Khaethee Har Gur Haethee Jaagath Chor N Laagai ||	Protect your crops, and love the Lord, the Guru. Stay awake and aware, and the thieves shall not rob you.	ਹਰੀ ਨਾਲ ਗੁਰੂ ਨਾਲ ਪ੍ਰੇਮ ਪਾ ਕੇ (ਆਪਣੀ ਆਤਮਕ ਗੁਣਾਂ ਵਾਲੀ) ਫ਼ਸਲ ਸਾਂਭ ਕੇ ਰੱਖੋ, (ਵਿਕਾਰਾਂ ਦੇ ਹੱਲਿਆਂ ਵਲੋਂ) ਸੁਚੇਤ ਰਿਹਾਂ (ਕਾਮਾਦਿਕ ਕੋਈ ਭੀ) ਚੋਰ (ਆਤਮਕ ਜੀਵਨ ਦੇ ਧਨ ਨੂੰ) ਸੰਨ੍ਹ ਨਹੀਂ ਲਾ ਸਕਦਾ।
47646	1110	ਜਮ ਮਗਿ ਨ ਜਾਵਹੁ ਨਾ ਦੁਖੁ ਪਾਵਹੁ ਜਮ ਕਾ ਡਰੁ ਭਉ ਭਾਗੈ॥		Jam Mag N Jaavahu Naa Dhukh Paavahu Jam Kaa Ddar Bho Bhaagai ||	You shall not have to go on the path of Death, and you shall not suffer in pain; your fear and terror of death shall run away.	(ਵਿਕਾਰਾਂ ਵਿਚ ਫਸ ਕੇ) ਜਮਾਂ ਦੇ ਰਸਤੇ ਉੱਤੇ ਨਾਹ ਤੁਰੋ, ਅਤੇ ਦੁੱਖ ਨਾਹ ਸਹੇੜੋ। (ਵਿਕਾਰਾਂ ਤੋਂ ਬਚੇ ਰਿਹਾਂ) ਜਮਰਾਜ ਦਾ ਡਰ-ਭਉ ਦੂਰ ਹੋ ਜਾਂਦਾ ਹੈ।

47647	1110	ਰਵਿ ਸਸਿ ਦੀਪਕ ਗੁਰਮਤਿ ਦੁਆਰੈ ਮਨਿ ਸਾਚਾ ਮੁਖਿ ਧਿਆਵਏ॥	ਧਿਆ-ਵਏ	Rav Sas Dheepak Guramath Dhuaarai Man Saachaa Mukh Dhhiaaveae ||	The lamps of the sun and the moon are lit by the Guru's Teachings, through His Door, meditating on the True Lord, in the mind and with the mouth.	ਜਿਸ ਮਨੁੱਖ ਦੇ ਮਨ ਵਿਚ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਵੱਸਦਾ ਰਹਿੰਦਾ ਹੈ, ਜਿਹੜਾ ਮਨੁੱਖ ਆਪਣੇ ਮੂੰਹ ਨਾਲ (ਪਰਮਾਤਮਾ ਦਾ ਨਾਮ) ਸਿਮਰਦਾ ਰਹਿੰਦਾ ਹੈ, ਗੁਰੂ ਦੀ ਮੱਤ ਦੀ ਬਰਕਤਿ ਨਾਲ ਉਸ ਦੇ ਹਿਰਦੇ ਵਿਚ ਗਿਆਨ ਅਤੇ ਸ਼ਾਂਤੀ ਦੇ ਦੀਵੇ ਜਗਦੇ ਰਹਿੰਦੇ ਹਨ।
47648	1110	ਨਾਨਕ ਮੂਰਖੁ ਅਜਹੁ ਨ ਚੇਤੈ ਕਿਵ ਦੂਜੈ ਸੁਖੁ ਪਾਵਏ॥੨॥		Naanak Moorakh Ajahu N Chaethai Kiv Dhoojai Sukh Paaveae ||2||	O Nanak, the fool still does not remember the Lord. How can he find peace in duality? ||2||	ਪਰ, ਹੇ ਨਾਨਕ! ਮੂਰਖ ਮਨੁੱਖ ਅਜੇ ਭੀ ਪਰਮਾਤਮਾ ਨੂੰ ਯਾਦ ਨਹੀਂ ਕਰਦਾ (ਜਦੋਂ ਕਿ ਉਸ ਦੀ ਜ਼ਿੰਦਗੀ ਦੀ ਰਾਤ ਦਾ ਦੂਜਾ ਪਹਰ ਬੀਤ ਰਿਹਾ ਹੈ। ਪਰਮਾਤਮਾ ਨੂੰ ਭੁਲਾ ਕੇ) ਹੋਰ ਹੋਰ (ਪਿਆਰ) ਵਿਚ ਮਨੁੱਖ ਕਿਸੇ ਭੀ ਹਾਲਤ ਵਿਚ ਆਤਮਕ ਆਨੰਦ ਨਹੀਂ ਲੱਭ ਸਕਦਾ ॥੨॥
47649	1110	ਤੀਜਾ ਪਹਰੁ ਭਇਆ ਨੀਦ ਵਿਆਪੀ ਰਾਮ॥		Theejaa Pehar Bhaeiaa Needh Viaapee Raam ||	The third watch has begun, and sleep has set in.	ਜਦੋਂ ਜ਼ਿੰਦਗੀ ਦੀ ਰਾਤ ਦਾ ਤੀਜਾ ਪਹਰ ਭੀ ਲੰਘਦਾ ਜਾ ਰਿਹਾ ਹੈ ਤਦੋਂ ਭੀ ਮਾਇਆ ਦੇ ਮੋਹ ਦੀ ਨੀਂਦ ਜੀਵ ਉਤੇ ਆਪਣਾ ਜ਼ੋਰ ਪਾਈ ਰੱਖਦੀ ਹੈ;

47650	1110	ਮਾਇਆ ਸੁਤ ਦਾਰਾ ਦੂਖਿ ਸੰਤਾਪੀ ਰਾਮ॥		Maaeiaa Suth Dhaaraa Dhookh Santhaapee Raam ||	The mortal suffers in pain, from attachment to Maya, children and spouse.	ਮਾਇਆ ਪੁੱਤਰ ਇਸਤ੍ਰੀ ਆਦਿਕ ਕਈ ਕਿਸਮ ਦੇ ਚਿੰਤਾ-ਫ਼ਿਕਰ ਵਿਚ ਮਨੁੱਖ ਦੀ ਜਿੰਦ ਕਲਪਦੀ ਰਹਿੰਦੀ ਹੈ।
47651	1110	ਮਾਇਆ ਸੁਤ ਦਾਰਾ ਜਗਤ ਪਿਆਰਾ ਚੋਗ ਚੁਗੈ ਨਿਤ ਫਾਸੈ॥		Maaeiaa Suth Dhaaraa Jagath Piaaraa Chog Chugai Nith Faasai ||	Maya, his children, his wife and the world are so dear to him; he bites the bait, and is caught.	ਮਨੁੱਖ ਨੂੰ ਮਾਇਆ ਦਾ ਪਿਆਰ, ਪੁੱਤਰਾਂ ਦਾ ਪਿਆਰ ਇਸਤ੍ਰੀ ਦਾ ਪਿਆਰ, ਦੁਨੀਆ ਦਾ ਪਿਆਰ (ਮੋਹੀ ਰੱਖਦਾ ਹੈ, ਜਿਉਂ ਜਿਉਂ ਮਨੁੱਖ) ਮਾਇਕ ਪਦਾਰਥਾਂ ਦੇ ਭੋਗ ਭੋਗਦਾ ਹੈ ਤਿਉਂ ਤਿਉਂ ਸਦਾ (ਇਹਨਾਂ ਵਿਚ) ਫਸਿਆ ਰਹਿੰਦਾ ਹੈ (ਤੇ ਦੁੱਖ ਪਾਂਦਾ ਹੈ)।
47652	1110	ਨਾਮੁ ਧਿਆਵੈ ਤਾ ਸੁਖੁ ਪਾਵੈ ਗੁਰਮਤਿ ਕਾਲੁ ਨ ਗ੍ਰਾਸੈ॥		Naam Dhhiaavai Thaa Sukh Paavai Guramath Kaal N Graasai ||	Meditating on the Naam, the Name of the Lord, he shall find peace; following the Guru's Teachings, he shall not be seized by death.	ਜਦੋਂ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ, ਤਦੋਂ ਆਤਮਕ ਆਨੰਦ ਹਾਸਲ ਕਰਦਾ ਹੈ, ਤੇ ਗੁਰੂ ਦੀ ਮੱਤ ਦੀ ਬਰਕਤਿ ਨਾਲ ਆਤਮਕ ਮੌਤ ਇਸ ਨੂੰ ਆਪਣੇ ਕਾਬੂ ਵਿਚ ਨਹੀਂ ਰੱਖ ਸਕਦੀ।
47653	1110	ਜੰਮਣੁ ਮਰਣੁ ਕਾਲੁ ਨਹੀ ਛੋਡੈ ਵਿਣੁ ਨਾਵੈ ਸੰਤਾਪੀ॥		Janman Maran Kaal Nehee Shhoddai Vin Naavai Santhaapee ||	He cannot escape from birth, dying and death; without the Name, he suffers.	ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਮਨੁੱਖ ਦੀ ਜਿੰਦ ਸਦਾ ਕਲਪਦੀ ਹੈ, ਜਨਮ ਮਰਨ ਦਾ ਗੇੜ ਇਸ ਦੀ ਖ਼ਲਾਸੀ ਨਹੀਂ ਕਰਦਾ, ਆਤਮਕ ਮੌਤ ਇਸ ਦੀ ਖ਼ਲਾਸੀ ਨਹੀਂ ਕਰਦੀ।

47654	1110	ਨਾਨਕ ਤੀਜੈ ਤ੍ਰਿਬਿਧਿ ਲੋਕਾ ਮਾਇਆ ਮੋਹਿ ਵਿਆਪੀ॥੩॥	ਤ੍ਰਿਬਿਧਿ: ਪੋਲਾ ਬੋਲੋ	Naanak Theejai Thribidhh Lokaa Maaeiaa Mohi Viaapee ||3||	O Nanak, in the third watch of the three-phased Maya, the world is engrossed in attachment to Maya. ||3||	ਹੇ ਲੋਕੋ! ਜ਼ਿੰਦਗੀ ਦੀ ਰਾਤ ਦਾ ਤੀਜਾ ਪਹਰ ਲੰਘਦਿਆਂ ਭੀ (ਨਾਮ ਤੋਂ ਸੁੰਞੀ ਰਹਿਣ ਕਰਕੇ ਮਨੁੱਖ ਦੀ ਜਿੰਦ) ਹੇ ਨਾਨਕ! ਤ੍ਰਿਗੁਣੀ ਮਾਇਆ ਦੇ ਮੋਹ ਵਿਚ ਫਸੀ ਰਹਿੰਦੀ ਹੈ ॥੩॥
47655	1110	ਚਉਥਾ ਪਹਰੁ ਭਇਆ ਦਉਤੁ ਬਿਹਾਗੈ ਰਾਮ॥		Chouthhaa Pehar Bhaeiaa Dhouth Bihaagai Raam ||	The fourth watch has begun, and the day is about to dawn.	ਜਦੋਂ ਮਨੁੱਖ ਦੀ ਜ਼ਿੰਦਗੀ ਦੀ ਰਾਤ ਦਾ ਚੌਥਾ ਪਹਰ ਬੀਤ ਰਿਹਾ ਹੁੰਦਾ ਹੈ ਤਦੋਂ ਰਾਤ ਤੋਂ ਦਿਨ ਹੋ ਜਾਂਦਾ ਹੈ (ਤਦੋਂ ਕਾਲੇ ਕੇਸਾਂ ਤੋਂ ਧੌਲੇ ਹੋ ਜਾਂਦੇ ਹਨ)।
47656	1110	ਤਿਨ ਘਰੁ ਰਾਖਿਅੜਾ ਜੋ ਅਨ ਦਿਨੁ ਜਾਗੈ ਰਾਮ॥		Thin Ghar Raakhiarraa Juo Anadhin Jaagai Raam ||	Those who remain awake and aware, night and day, preserve and protect their homes.	ਪਰ ਆਤਮਕ ਜੀਵਨ ਦੀ ਰਾਸ-ਪੂੰਜੀ ਮਨੁੱਖਾਂ ਨੇ ਹੀ ਬਚਾਈ ਹੁੰਦੀ ਹੈ ਜਿਹੜਾ ਜਿਹੜਾ ਹਰ ਵੇਲੇ (ਵਿਕਾਰਾਂ ਦੇ ਹੱਲਿਆਂ ਤੋਂ) ਸੁਚੇਤ ਰਹਿੰਦਾ ਹੈ।
47657	1110	ਗੁਰ ਪੂਛਿ ਜਾਗੇ ਨਾਮਿ ਲਾਗੇ ਤਿਨਾ ਰੈਣਿ ਸੁਹੇਲੀਆ॥		Gur Pooshh Jaagae Naam Laagae Thinaa Rain Suhaeleeaa ||	The night is pleasant and peaceful, for those who remain awake; following the Guru's advice, they focus on the Naam.	ਜਿਹੜੇ ਮਨੁੱਖ ਗੁਰੂ ਦੀ ਸਿੱਖਿਆ ਲੈ ਕੇ (ਵਿਕਾਰਾਂ ਦੇ ਹੱਲਿਆਂ ਵੱਲੋਂ) ਸੁਚੇਤ ਰਹੇ, ਜਿਹੜੇ ਪਰਮਾਤਮਾ ਦੇ ਨਾਮ ਵਿਚ ਜੁੜੇ ਰਹੇ, ਉਹਨਾਂ ਦੀ ਜ਼ਿੰਦਗੀ ਦੀ ਰਾਤ (ਉਹਨਾਂ ਦੀ ਸਾਰੀ ਉਮਰ) ਸੌਖੀ ਲੰਘਦੀ ਹੈ।

47658	1110	ਗੁਰ ਸਬਦੁ ਕਮਾਵਹਿ ਜਨਮਿ ਨ ਆਵਹਿ ਤਿਨਾ ਹਰਿ ਪ੍ਰਭੁ ਬੇਲੀਆ॥		Gur Sabadh Kamaavehi Janam N Aavehi Thinaa Har Prabh Baeleeaa ||	Those who practice the Word of the Guru's Shabad are not reincarnated again; the Lord God is their Best Friend.	ਜਿਹੜੇ ਮਨੁੱਖ ਗੁਰੂ ਦੇ ਸ਼ਬਦ ਅਨੁਸਾਰ ਜੀਵਨ ਬਤੀਤ ਕਰਦੇ ਹਨ, ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਆਉਂਦੇ (ਵਿਕਾਰਾਂ ਤੋਂ ਬਚਾਣ ਲਈ) ਪਰਮਾਤਮਾ (ਆਪ) ਉਹਨਾਂ ਦਾ ਮਦਦਗਾਰ ਬਣਿਆ ਰਹਿੰਦਾ ਹੈ।
47659	1110	ਕਰ ਕੰਪਿ ਚਰਣ ਸਰੀਰੁ ਕੰਪੈ ਨੈਣ ਅੰਧੁਲੇ ਤਨੁ ਭਸਮ ਸੇ॥	(ਭਸਮ) ਸੁਆਹ (ਸੇ)ਜੈਸੇ	Kar Kanp Charan Sareer Kanpai Nain Andhhulae Than Bhasam Sae ||	The hands shake, the feet and body totter, the vision goes dark, and the body turns to dust.	(ਜ਼ਿੰਦਗੀ ਦੀ ਰਾਤ ਦੇ ਚੌਥੇ ਪਹਰ ਵਿਚ ਮਨੁੱਖ ਦੇ) ਹੱਥ ਪੈਰ ਕੰਬਣ ਲੱਗ ਪੈਂਦੇ ਹਨ, ਸਰੀਰ ਕੰਬਣ ਲੱਗ ਪੈਂਦਾ ਹੈ, ਅੱਖਾਂ ਤੋਂ ਘੱਟ ਦਿੱਸਦਾ ਹੈ, ਸਰੀਰ ਸੁਆਹ ਵਰਗਾ (ਰੁੱਖਾ ਜਿਹਾ) ਹੋ ਜਾਂਦਾ ਹੈ।
47660	1110	ਨਾਨਕ ਦੁਖੀਆ ਜੁਗ ਚਾਰੇ ਬਿਨੁ ਨਾਮ ਹਰਿ ਕੇ ਮਨਿ ਵਸੇ॥੪॥		Naanak Dhukheeaa Jug Chaarae Bin Naam Har Kae Man Vasae ||4||	O Nanak, people are miserable throughout the four ages, if the Name of the Lord does not abide in the mind. ||4||	ਹੇ ਨਾਨਕ! (ਜਿਹੜਾ ਮਨੁੱਖ ਅਜੇ ਭੀ ਹਰਿ-ਨਾਮ ਨਹੀਂ ਚੇਤੇ ਕਰਦਾ ਹੈ, ਉਸ ਨੂੰ ਭਾਗ-ਹੀਣ ਹੀ ਸਮਝੋ। ਜੁਗ ਕੋਈ ਭੀ ਹੋਵੇ, ਇਹ ਪੱਕਾ ਨਿਯਮ ਜਾਣੋ ਕਿ) ਪਰਮਾਤਮਾ ਦਾ ਨਾਮ ਮਨ ਵਿਚ ਵੱਸਣ ਤੋਂ ਬਿਨਾ ਮਨੁੱਖ ਚੌਹਾਂ ਹੀ ਜੁਗਾਂ ਵਿਚ ਦੁੱਖੀ ਰਹਿੰਦਾ ਹੈ ॥੪॥

47661	1110	ਖੂਲੀ ਗੰਠਿ ਉਠੋ ਲਿਖਿਆ ਆਇਆ ਰਾਮ॥	ਪ੍ਰਾਨ ਅਪਾਨ ਵਾਯੂ (ਗੰਠਿ) ਗੰਢ ਖੂਲੀ	Khoolee Ganth Outho Likhiaa Aaeiaa Raam ||	The knot has been untied; rise up - the order has come!	ਜਦੋਂ ਜੀਵ ਦੀ ਜ਼ਿੰਦਗੀ ਦੇ ਮਿਲੇ ਸੁਆਸਾਂ ਦੀ ਗੰਢ ਖੁਲ੍ਹ ਜਾਂਦੀ ਹੈ (ਸੁਆਸ ਮੁੱਕ ਜਾਂਦੇ ਹਨ), ਤਾਂ ਪਰਮਾਤਮਾ ਵਲੋਂ ਲਿਖਿਆ ਹੁਕਮ ਆ ਜਾਂਦਾ ਹੈ (ਕਿ ਹੇ ਜੀਵ!) ਉੱਠ (ਤੁਰਨ ਲਈ ਤਿਆਰ ਹੋ ਜਾ)।
47662	1110	ਰਸ ਕਸ ਸੁਖ ਠਾਕੇ ਬੰਧਿ ਚਲਾਇਆ ਰਾਮ॥	ਚੱਲਾਇਆ	Ras Kas Sukh Thaakae Bandhh Chalaaeiaa Raam ||	Pleasures and comforts are gone; like a prisoner, you are driven on.	ਜੀਵ ਦੇ ਸਾਰੇ ਖਾਣ-ਪੀਣ ਸਾਰੇ ਸੁਖ ਰੋਕ ਲਏ ਜਾਂਦੇ ਹਨ, ਜੀਵ ਨੂੰ ਬੰਨ੍ਹ ਕੇ ਅੱਗੇ ਤੋਰ ਲਿਆ ਜਾਂਦਾ ਹੈ (ਭਾਵ, ਜਾਣਾ ਚਾਹੇ ਜਾਂ ਨਾਹ ਜਾਣਾ ਚਾਹੇ, ਉਸ ਨੂੰ ਜਗਤ ਤੋਂ ਤੋਰ ਲਿਆ ਜਾਂਦਾ ਹੈ)।
47663	1110	ਬੰਧਿ ਚਲਾਇਆ ਜਾ ਪ੍ਰਭ ਭਾਇਆ ਨਾ ਦੀਸੈ ਨਾ ਸੁਣੀਐ॥		Bandhh Chalaaeiaa Jaa Prabh Bhaaeiaa Naa Dheesai Naa Suneeai ||	You shall be bound and gagged, when it pleases God; you will not see or hear it coming.	ਜਦੋਂ ਪ੍ਰਭੂ ਦੀ ਰਜ਼ਾ ਹੁੰਦੀ ਹੈ, ਜੀਵ ਨੂੰ ਇਥੋਂ ਚੁੱਕ ਲਿਆ ਜਾਂਦਾ ਹੈ, (ਫਿਰ) ਨਾਹ ਜੀਵ ਦਾ ਇੱਥੇ ਕੁਝ ਦਿੱਸਦਾ ਹੈ, ਨਾਹ ਕੁਝ ਸੁਣਿਆ ਜਾਂਦਾ ਹੈ।
47664	1110	ਆਪਣ ਵਾਰੀ ਸਭਸੈ ਆਵੈ ਪਕੀ ਖੇਤੀ ਲੁਣੀਐ॥	ਪੱਕੀ	Aapan Vaaree Sabhasai Aavai Pakee Khaethee Luneeai ||	Everyone will have their turn; the crop ripens, and then it is cut down.	ਹਰੇਕ ਜੀਵ ਦੀ ਇਹ ਵਾਰੀ ਆ ਜਾਂਦੀ ਹੈ; (ਜਿਵੇਂ) ਪੱਕਾ ਫ਼ਸਲ (ਆਖ਼ਿਰ) ਕੱਟਿਆ ਹੀ ਜਾਂਦਾ ਹੈ।

47665	1110	ਘੜੀ ਚਸੇ ਕਾ ਲੇਖਾ ਲੀਜੈ ਬੁਰਾ ਭਲਾ ਸਹੁ ਜੀਆ॥	ਚਸੇ: ਪੋਲਾ ਬੋਲੋ	Gharree Chasae Kaa Laekhaa Leejai Buraa Bhalaa Sahu Jeeaa ||	The account is kept for every second, every instant; the soul suffers for the bad and the good.	ਜੀਵ ਦੇ ਹਰੇਕ ਘੜੀ ਪਲ ਦੇ ਕੀਤੇ ਕਰਮਾਂ ਦਾ ਇਸ ਪਾਸੋਂ ਲੇਖਾ ਮੰਗਿਆ ਜਾਂਦਾ ਹੈ। ਹੇ ਜੀਵ! ਆਪਣੇ ਕੀਤੇ ਚੰਗੇ ਮੰਦੇ ਕੰਮਾਂ ਦਾ ਫਲ ਭੋਗਣਾ ਹੀ ਪੈਂਦਾ ਹੈ।
47666	1110	ਨਾਨਕ ਸੁਰਿ ਨਰ ਸਬਦਿ ਮਿਲਾਏ ਤਿਨਿ ਪ੍ਰਭਿ ਕਾਰਣੁ ਕੀਆ॥੫॥੨॥		Naanak Sur Nar Sabadh Milaaeae Thin Prabh Kaaran Keeaa ||5||2||	O Nanak, the angelic beings are united with the Word of the Shabad; this is the way God made it. ||5||2||	ਹੇ ਨਾਨਕ! ਉਸ ਪਰਮਾਤਮਾ ਨੇ ਅਜਿਹਾ ਸਬਬ ਬਣਾ ਰੱਖਿਆ ਹੈ ਕਿ ਭਲੇ ਮਨੁੱਖਾਂ ਨੂੰ ਗੁਰੂ ਦੇ ਸ਼ਬਦ ਵਿਚ ਜੋੜੀ ਰੱਖਦਾ ਹੈ ॥੫॥੨॥
47667	1110	ਤੁਖਾਰੀ ਮਹਲਾ ੧॥		Thukhaaree Mehalaa 1 ||	Tukhaari, First Mehl:	
47668	1110	ਤਾਰਾ ਚੜਿਆ ਲੰਮਾ ਕਿਉ ਨਦਰਿ ਨਿਹਾਲਿਆ ਰਾਮ॥	(ਤਾਰਾ) ਬ੍ਰਹਮ, ਸ੍ਰਬ ਵਿਆਪੀ ਮਹਾਂ ਵਿਸਮਾਦ ਹੀ ਵਿਸਮਾਦ, ਪ੍ਰਕਾਸ਼ ਹੀ ਪ੍ਰਕਾਸ਼ (ਲੰਮਾ) ਲੰਮੇ। ਚੜ੍ਹਿਆ	Thaaraa Charriaa Lanmaa Kio Nadhar Nihaaliaa Raam ||	The meteor shoots across the sky. How can it be seen with the eyes?	ਵਿਆਪਕ-ਸਰੂਪ ਪਰਮਾਤਮਾ (ਸਾਰੇ ਜਗਤ ਵਿਚ ਆਪਣਾ) ਪਰਕਾਸ਼ ਕਰ ਰਿਹਾ ਹੈ। ਪਰ ਉਸ ਨੂੰ ਅੱਖਾਂ ਨਾਲ ਵੇਖਿਆ ਕਿਵੇਂ ਜਾਏ?
47669	1110	ਸੇਵਕ ਪੂਰ ਕਰੰਮਾ ਸਤਿਗੁਰਿ ਸਬਦਿ ਦਿਖਾਲਿਆ ਰਾਮ॥		Saevak Poor Karanmaa Sathigur Sabadh Dhikhaaliaa Raam ||	The True Guru reveals the Word of the Shabad to His servant who has such perfect karma.	ਗੁਰੂ ਨੇ ਆਪਣੇ ਸ਼ਬਦ ਦੀ ਰਾਹੀਂ (ਜਿਸ ਨੂੰ) ਦਰਸਨ ਕਰਾ ਦਿੱਤਾ, ਉਸ ਸੇਵਕ ਦੇ ਪੂਰੇ ਭਾਗ ਜਾਗ ਪਏ।

47670	1110	ਗੁਰ ਸਬਦਿ ਦਿਖਾਲਿਆ ਸਚੁ ਸਮਾਲਿਆ ਅਹਿ ਨਿਸਿ ਦੇਖਿ ਬੀਚਾਰਿਆ॥		Gur Sabadh Dhikhaaliaa Sach Samaaliaa Ahinis Dhaekh Beechaariaa ||	The Guru reveals the Shabad; dwelling on the True Lord, day and night, he beholds and reflects on God.	ਜਿਸ ਮਨੁੱਖ ਨੂੰ ਗੁਰੂ ਦੇ ਸ਼ਬਦ ਨੇ (ਸਰਬ-ਵਿਆਪਕ ਪਰਮਾਤਮਾ) ਵਿਖਾਲ ਦਿੱਤਾ, ਉਹ ਸਦਾ-ਥਿਰ ਹਰਿ-ਨਾਮ ਨੂੰ ਆਪਣੇ ਹਿਰਦੇ ਵਿਚ ਵਸਾ ਲੈਂਦਾ ਹੈ। ਉਸ ਦਾ ਦਰਸਨ ਕਰ ਕੇ ਉਹ ਮਨੁੱਖ ਦਿਨ ਰਾਤ ਉਸ ਦੇ ਗੁਣਾਂ ਨੂੰ ਆਪਣੇ ਚਿੱਤ ਵਿਚ ਵਸਾਂਦਾ ਹੈ।
47671	1110	ਧਾਵਤ ਪੰਚ ਰਹੇ ਘਰੁ ਜਾਣਿਆ ਕਾਮੁ ਕ੍ਰੋਧੁ ਬਿਖੁ ਮਾਰਿਆ॥		Dhhaavath Panch Rehae Ghar Jaaniaa Kaam Krodhh Bikh Maariaa ||	The five restless desires are restrained, and he knows the home of his own heart. He conquers sexual desire, anger and corruption.	ਉਹ ਮਨੁੱਖ (ਆਪਣੇ ਅਸਲ) ਘਰ ਨੂੰ ਜਾਣ ਲੈਂਦਾ ਹੈ, ਉਸ ਦੇ ਪੰਜੇ ਗਿਆਨ-ਇੰਦ੍ਰੇ (ਵਿਕਾਰਾਂ ਵਲ) ਭਟਕਣ ਤੋਂ ਹਟ ਜਾਂਦੇ ਹਨ, ਉਹ ਮਨੁੱਖ ਆਤਮਕ ਮੌਤ ਲਿਆਉਣ ਵਾਲੇ ਕਾਮ ਨੂੰ ਕ੍ਰੋਧ ਨੂੰ ਮਾਰ ਮੁਕਾਂਦਾ ਹੈ।
47672	1110	ਅੰਤਰਿ ਜੋਤਿ ਭਈ ਗੁਰ ਸਾਖੀ ਚੀਨੇ ਰਾਮ ਕਰੰਮਾ॥	ਗੁਰਮਤਿ (ਸਾਖੀ) ਸਿੱਖਿਆ ਦੁਆਰੇ	Anthar Joth Bhee Gur Saakhee Cheenae Raam Karanmaa ||	His inner being is illuminated, by the Guru's Teachings; He beholds the Lord's play of karma.	ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਉਸ ਮਨੁੱਖ ਦੇ ਅੰਦਰ ਰੱਬੀ ਜੋਤਿ ਪਰਗਟ ਹੋ ਜਾਂਦੀ ਹੈ (ਜੋ ਕੁਝ ਜਗਤ ਵਿਚ ਹੋ ਰਿਹਾ ਹੈ, ਉਸ ਨੂੰ) ਉਹ ਪਰਮਾਤਮਾ ਦੇ ਕੌਤਕ (ਜਾਣ ਕੇ) ਵੇਖਦਾ ਹੈ।

47673	1111	ਨਾਨਕ ਹਉਮੈ ਮਾਰਿ ਪਤੀਣੇ ਤਾਰਾ ਚੜਿਆ ਲੰਮਾ॥੧॥		Naanak Houmai Maar Patheenae Thaaraa Charriaa Lanmaa ||1||	O Nanak, killing his ego, he is satisfied; the meteor has shot across the sky. ||1||	ਹੇ ਨਾਨਕ! (ਜਿਨ੍ਹਾਂ ਮਨੁੱਖਾਂ ਦੇ ਅੰਦਰ) ਸਰਬ-ਵਿਆਪਕ ਪ੍ਰਭੂ ਦੀ ਜੋਤਿ ਜਗ ਪੈਂਦੀ ਹੈ, ਉਹ (ਆਪਣੇ ਅੰਦਰੋਂ) ਹਉਮੈ ਨੂੰ ਮਾਰ ਕੇ (ਪਰਮਾਤਮਾ ਦੇ ਚਰਨਾਂ ਵਿਚ) ਸਦਾ ਟਿਕੇ ਰਹਿੰਦੇ ਹਨ ॥੧॥
47674	1111	ਗੁਰਮੁਖਿ ਜਾਗਿ ਰਹੇ ਚੂਕੀ ਅਭਿਮਾਨੀ ਰਾਮ॥		Guramukh Jaag Rehae Chookee Abhimaanee Raam ||	The Gurmukhs remain awake and aware; their egotistical pride is eradicated.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ (ਮਾਇਆ ਦੇ ਹੱਲਿਆਂ ਵੱਲੋਂ) ਸੁਚੇਤ ਰਹਿੰਦੇ ਹਨ, (ਉਹਨਾਂ ਦੇ ਅੰਦਰੋਂ) ਅਹੰਕਾਰ ਵਾਲੀ ਦਸ਼ਾ ਮੁੱਕ ਜਾਂਦੀ ਹੈ।
47675	1111	ਅਨ ਦਿਨੁ ਭੋਰੁ ਭਇਆ ਸਾਚਿ ਸਮਾਨੀ ਰਾਮ॥		Anadhin Bhor Bhaeiaa Saach Samaanee Raam ||	Night and day, it is dawn for them; they merge in the True Lord.	(ਉਹਨਾਂ ਦੇ ਅੰਦਰ) ਹਰ ਵੇਲੇ ਆਤਮਕ ਜੀਵਨ ਦੀ ਸੂਝ ਦਾ ਚਾਨਣ ਹੋਇਆ ਰਹਿੰਦਾ ਹੈ, (ਉਹਨਾਂ ਦੀ ਸੁਰਤ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਟਿਕੀ ਰਹਿੰਦੀ ਹੈ।
47676	1111	ਸਾਚਿ ਸਮਾਨੀ ਗੁਰਮੁਖਿ ਮਨਿ ਭਾਨੀ ਗੁਰਮੁਖਿ ਸਾਬਤੁ ਜਾਗੇ॥		Saach Samaanee Guramukh Man Bhaanee Guramukh Saabath Jaagae ||	The Gurmukhs are merged in the True Lord; they are pleasing to His Mind. The Gurmukhs are intact, safe and sound, awake and awake.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਦੀ ਸੁਰਤ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦੀ ਹੈ, (ਉਹਨਾਂ ਨੂੰ ਇਹ ਦਸ਼ਾ ਆਪਣੇ) ਮਨ ਵਿਚ ਪਿਆਰੀ ਲੱਗਦੀ ਹੈ। ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਸਦਾ ਹੀ ਸੁਚੇਤ ਰਹਿੰਦੇ ਹਨ।

47677	1111	ਸਾਚੁ ਨਾਮੁ ਅੰਮ੍ਰਿਤੁ ਗੁਰਿ ਦੀਆ ਹਰਿ ਚਰਨੀ ਲਿਵ ਲਾਗੇ॥		Saach Naam Anmrith Gur Dheeaa Har Charanee Liv Laagae ||	The Guru blesses them with the Ambrosial Nectar of the True Name; they are lovingly attuned to the Lord's Feet.	ਗੁਰੂ ਨੇ ਉਹਨਾਂ ਨੂੰ ਆਤਮਕ ਜੀਵਨ ਦੇਣ ਵਾਲਾ ਸਦਾ-ਥਿਰ ਹਰਿ-ਨਾਮ ਬਖ਼ਸ਼ਿਆ ਹੁੰਦਾ ਹੈ, ਉਹਨਾਂ ਦੀ ਲਿਵ ਪਰਮਾਤਮਾ ਦੇ ਚਰਨਾਂ ਵਿਚ ਲੱਗੀ ਰਹਿੰਦੀ ਹੈ।
47678	1111	ਪ੍ਰਗਟੀ ਜੋਤਿ ਜੋਤਿ ਮਹਿ ਜਾਤਾ ਮਨਮੁਖਿ ਭਰਮਿ ਭੁਲਾਣੀ॥		Pragattee Joth Joth Mehi Jaathaa Manamukh Bharam Bhulaanee ||	The Divine Light is revealed, and in that Light, they achieve realization; the self-willed manmukhs wander in doubt and confusion.	ਗੁਰਮੁਖਾਂ ਦੇ ਅੰਦਰ ਪਰਮਾਤਮਾ ਦੀ ਜੋਤਿ ਦਾ ਚਾਨਣ ਹੋ ਜਾਂਦਾ ਹੈ, ਉਹ ਹਰੇਕ ਜੀਵ ਵਿਚ ਉਸੇ ਰੱਬੀ ਜੋਤਿ ਨੂੰ ਵੱਸਦੀ ਸਮਝਦੇ ਹਨ। ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ ਭਟਕਣਾ ਦੇ ਕਾਰਨ ਕੁਰਾਹੇ ਪਈ ਰਹਿੰਦੀ ਹੈ।
47679	1111	ਨਾਨਕ ਭੋਰੁ ਭਇਆ ਮਨੁ ਮਾਨਿਆ ਜਾਗਤ ਰੈਣਿ ਵਿਹਾਣੀ॥੨॥		Naanak Bhor Bhaeiaa Man Maaniaa Jaagath Rain Vihaanee ||2||	O Nanak, when the dawn breaks, their minds are satisfied; they pass their life-night awake and aware. ||2||	ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਦੇ ਅੰਦਰ ਆਤਮਕ ਜੀਵਨ ਦੀ ਸੂਝ ਦਾ ਚਾਨਣ ਹੋਇਆ ਰਹਿੰਦਾ ਹੈ, ਉਹਨਾਂ ਦਾ ਮਨ (ਉਸ ਚਾਨਣ ਵਿਚ) ਪਰਚਿਆ ਰਹਿੰਦਾ ਹੈ। (ਮਾਇਆ ਦੇ ਹੱਲਿਆਂ ਵੱਲੋਂ) ਸੁਚੇਤ ਰਹਿੰਦਿਆਂ ਹੀ ਉਹਨਾਂ ਦੀ ਜੀਵਨ-ਰਾਤ ਬੀਤਦੀ ਹੈ ॥੨॥

47680	1111	ਅਉਗਣ ਵੀਸਰਿਆ ਗੁਣੀ ਘਰੁ ਕੀਆ ਰਾਮ॥		Aougan Veesariaa Gunee Ghar Keeaa Raam ||	Forgetting faults and demerits, virtue and merit enter one's home.	(ਜਿਸ ਮਨੁੱਖ ਦੇ ਹਿਰਦੇ-ਆਕਾਸ਼ ਵਿਚ 'ਤਾਰਾ ਚੜਿਆ ਲੰਮਾ', ਉਸ ਦੇ ਅੰਦਰੋਂ) ਸਾਰੇ ਔਗੁਣ ਮੁੱਕ ਜਾਂਦੇ ਹਨ, (ਉਸ ਦੇ ਅੰਦਰ) ਗੁਣ ਆਪਣਾ ਟਿਕਾਣਾ ਆ ਬਣਾਂਦੇ ਹਨ।
47681	1111	ਏਕੋ ਰਵਿ ਰਹਿਆ ਅਵਰੁ ਨ ਬੀਆ ਰਾਮ॥		Eaeko Rav Rehiaa Avar N Beeaa Raam ||	The One Lord is permeating everywhere; there is no other at all.	ਉਸ ਮਨੁੱਖ ਨੂੰ ਇਕ ਪਰਮਾਤਮਾ ਹੀ ਹਰ ਥਾਂ ਮੌਜੂਦ ਦਿੱਸਦਾ ਹੈ, ਉਸ ਤੋਂ ਬਿਨਾ ਕੋਈ ਹੋਰ ਦੂਜਾ ਨਹੀਂ ਦਿੱਸਦਾ।
47682	1111	ਰਵਿ ਰਹਿਆ ਸੋਈ ਅਵਰੁ ਨ ਕੋਈ ਮਨ ਹੀ ਤੇ ਮਨੁ ਮਾਨਿਆ॥		Rav Rehiaa Soee Avar N Koee Man Hee Thae Man Maaniaa ||	He is All-pervading; there is no other. The mind comes to believe, from the mind.	(ਜਿਸ ਮਨੁੱਖ ਦੇ ਅੰਦਰ 'ਤਾਰਾ ਚੜਿਆ ਲੰਮਾ', ਉਸ ਨੂੰ) ਹਰ ਥਾਂ ਇਕ ਪਰਮਾਤਮਾ ਹੀ ਵੱਸਦਾ ਦਿੱਸਦਾ ਹੈ, ਉਸ ਤੋਂ ਬਿਨਾ ਕੋਈ ਹੋਰ ਉਸ ਨੂੰ ਨਹੀਂ ਦਿੱਸਦਾ, ਉਸ ਮਨੁੱਖ ਦਾ ਮਨ ਅੰਤਰ-ਆਤਮੇ (ਹਰਿ-ਨਾਮ ਵਿਚ) ਪਰਚਿਆ ਰਹਿੰਦਾ ਹੈ।
47683	1111	ਜਿਨਿ ਜਲ ਥਲ ਤ੍ਰਿਭਵਣ ਘਟੁ ਘਟੁ ਥਾਪਿਆ ਸੋ ਪ੍ਰਭੁ ਗੁਰਮੁਖਿ ਜਾਨਿਆ॥		Jin Jal Thhal Thribhavan Ghatt Ghatt Thhaapiaa So Prabh Guramukh Jaaniaa ||	The One who established the water, the land, the three worlds, each and every heart - that God is known by the Gurmukh.	ਜਿਸ (ਪਰਮਾਤਮਾ) ਨੇ ਜਲ ਥਲ ਤਿੰਨੇ ਭਵਨ ਹਰੇਕ ਸਰੀਰ ਬਣਾਇਆ ਹੈ, ਉਹ ਮਨੁੱਖ ਉਸ ਪਰਮਾਤਮਾ ਨਾਲ ਗੁਰੂ ਦੀ ਰਾਹੀਂ ਡੂੰਘੀ ਸਾਂਝ ਬਣਾਈ ਰੱਖਦਾ ਹੈ।

47684	1111	ਕਰਣ ਕਾਰਣ ਸਮਰਥ ਅਪਾਰਾ ਤ੍ਰਿਬਿਧਿ ਮੇਟਿ ਸਮਾਈ॥	ਸਮਰੱਥ,ਤ੍ਰਿਬਿਧਿ: ਪੋਲਾ ਬੋਲੋ	Karan Kaaran Samarathh Apaaraa Thribidhh Maett Samaaee ||	The Infinite, All-powerful Lord is the Creator, the Cause of causes; erasing the three-phased Maya, we merge in Him.	(ਜਿਸ ਮਨੁੱਖ ਦੇ ਹਿਰਦੇ-ਆਕਾਸ਼ ਵਿਚ 'ਤਾਰਾ ਚੜਿਆ ਲੰਮਾ', ਉਹ ਆਪਣੇ ਅੰਦਰੋਂ) ਤ੍ਰਿਗੁਣੀ ਮਾਇਆ ਦਾ ਪ੍ਰਭਾਵ ਮਿਟਾ ਕੇ ਉਸ ਪਰਮਾਤਮਾ ਵਿਚ ਸਮਾਇਆ ਰਹਿੰਦਾ ਹੈ ਜੋ ਸਾਰੇ ਜਗਤ ਦਾ ਮੂਲ ਹੈ ਜੋ ਸਾਰੀਆਂ ਤਾਕਤਾਂ ਦਾ ਮਾਲਕ ਹੈ ਅਤੇ ਜੋ ਬੇਅੰਤ ਹੈ।
47685	1111	ਨਾਨਕ ਅਵਗਣ ਗੁਣਹ ਸਮਾਣੇ ਐਸੀ ਗੁਰਮਤਿ ਪਾਈ॥੩॥		Naanak Avagan Guneh Samaanae Aisee Guramath Paaee ||3||	O Nanak, then, demerits are dissolved by merits; such are the Guru's Teachings. ||3||	ਹੇ ਨਾਨਕ! ਗੁਰੂ ਪਾਸੋਂ ਉਹ ਮਨੁੱਖ ਅਜਿਹੀ ਮੱਤ ਹਾਸਲ ਕਰ ਲੈਂਦਾ ਹੈ ਕਿ ਉਸ ਦੇ ਸਾਰੇ ਔਗੁਣ ਗੁਣਾਂ ਵਿਚ ਸਮਾ ਜਾਂਦੇ ਹਨ ॥੩॥
47686	1111	ਆਵਣ ਜਾਣ ਰਹੇ ਚੂਕਾ ਭੋਲਾ ਰਾਮ॥	ਭੋਲਾ: ਪੋਲਾ ਬੋਲੋ	Aavan Jaan Rehae Chookaa Bholaa Raam ||	My coming and going in reincarnation have ended; doubt and hesitation are gone.	(ਜਿਨ੍ਹਾਂ ਦੇ ਹਿਰਦੇ-ਆਕਾਸ਼ ਵਿਚ 'ਤਾਰਾ ਚੜਿਆ ਲੰਮਾ', ਉਹਨਾਂ ਦੇ) ਜਨਮ ਮਰਨ ਦੇ ਗੇੜ ਮੁੱਕ ਗਏ, ਉਹਨਾਂ ਦੀ ਕੋਝੀ ਜੀਵਨ-ਚਾਲ ਖ਼ਤਮ ਹੋ ਗਈ।
47687	1111	ਹਉਮੈ ਮਾਰਿ ਮਿਲੇ ਸਾਚਾ ਚੋਲਾ ਰਾਮ॥	ਚੋਲਾ: ਪੋਲਾ ਬੋਲੋ	Houmai Maar Milae Saachaa Cholaa Raam ||	Conquering my ego, I have met the True Lord, and now I wear the robe of Truth.	ਉਹ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ (ਪ੍ਰਭੂ-ਚਰਨਾਂ ਵਿਚ) ਜੁੜ ਗਏ, ਉਹਨਾਂ ਦਾ ਸਰੀਰ (ਵਿਕਾਰਾਂ ਦੇ ਹੱਲਿਆਂ ਦੇ ਟਾਕਰੇ ਤੇ) ਅਡੋਲ ਹੋ ਗਿਆ।

47688	1111	ਹਉਮੈ ਗੁਰਿ ਖੋਈ ਪਰਗਟੁ ਹੋਈ ਚੂਕੇ ਸੋਗ ਸੰਤਾਪੈ॥		Houmai Gur Khoee Paragatt Hoee Chookae Sog Santhaapai ||	The Guru has rid me of egotism; my sorrow and suffering are dispelled.	ਗੁਰੂ ਨੇ ਜਿਸ ਜੀਵ-ਇਸਤ੍ਰੀ ਦੀ ਹਉਮੈ ਦੂਰ ਕਰ ਦਿੱਤੀ, ਉਹ (ਲੋਕ ਪਰਲੋਕ ਵਿਚ) ਸੋਭਾ ਵਾਲੀ ਹੋ ਗਈ, ਉਸ ਦੇ ਸਾਰੇ ਗ਼ਮ ਸਾਰੇ ਦੁੱਖ-ਕਲੇਸ਼ ਮੁੱਕ ਗਏ।
47689	1111	ਜੋਤੀ ਅੰਦਰਿ ਜੋਤਿ ਸਮਾਣੀ ਆਪੁ ਪਛਾਤਾ ਆਪੈ॥		Jothee Andhar Joth Samaanee Aap Pashhaathaa Aapai ||	My might merges into the Light; I realize and understand my own self.	ਉਸ ਦੀ ਜਿੰਦ ਪਰਮਾਤਮਾ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ, ਉਹ ਆਪਣੇ ਆਤਮਕ ਜੀਵਨ ਦੀ ਸਦਾ ਪੜਤਾਲ ਕਰਦੀ ਰਹਿੰਦੀ ਹੈ।
47690	1111	ਪੇਈਅੜੈ ਘਰਿ ਸਬਦਿ ਪਤੀਣੀ ਸਾਹੁਰੜੈ ਪਿਰ ਭਾਣੀ॥		Paeeearrai Ghar Sabadh Patheenee Saahurarrai Pir Bhaanee ||	In this world of my parents' home, I am satisfied with the Shabad; at my in-laws' home, in the world beyond, I shall be pleasing to my Husband Lord.	ਜਿਹੜੀ ਜੀਵ-ਇਸਤ੍ਰੀ ਇਸ ਲੋਕ ਵਿਚ ਗੁਰੂ ਦੇ ਸ਼ਬਦ ਵਿਚ ਪਰਚੀ ਰਹਿੰਦੀ ਹੈ, ਉਹ ਪਰਲੋਕ ਵਿਚ (ਜਾ ਕੇ) ਪ੍ਰਭੂ-ਪਤੀ ਨੂੰ ਭਾ ਜਾਂਦੀ ਹੈ।
47691	1111	ਨਾਨਕ ਸਤਿਗੁਰਿ ਮੇਲਿ ਮਿਲਾਈ ਚੂਕੀ ਕਾਣਿ ਲੋਕਾਣੀ॥੪॥੩॥		Naanak Sathigur Mael Milaaee Chookee Kaan Lokaanee ||4||3||	O Nanak, the True Guru has united me in His Union; my dependence on people has ended. ||4||3||	ਹੇ ਨਾਨਕ! ਜਿਸ ਜੀਵ-ਇਸਤ੍ਰੀ ਨੂੰ ਗੁਰੂ ਨੇ (ਆਪਣੇ ਸ਼ਬਦ ਵਿਚ) ਜੋੜ ਕੇ ਪ੍ਰਭੂ ਨਾਲ ਮਿਲਾ ਦਿੱਤਾ, ਉਸ ਨੂੰ ਦੁਨੀਆ ਦੀ ਮੁਥਾਜੀ ਨਹੀਂ ਰਹਿ ਜਾਂਦੀ ॥੪॥੩॥
47692	1111	ਤੁਖਾਰੀ ਮਹਲਾ ੧॥		Thukhaaree Mehalaa 1 ||	Tukhaari, First Mehl:	

47693	1111	ਭੋਲਾਵੜੈ ਭੁਲੀ ਭੁਲਿ ਭੁਲਿ ਪਛੋਤਾਣੀ॥	ਭੁੱਲੀ। ਭੁੱਲਿ	Bholaavarrai Bhulee Bhul Bhul Pashhothaanee ||	Deluded by doubt, misled and confused, the soul-bride later regrets and repents.	(ਜਿਹੜੀ ਜੀਵ-ਇਸਤ੍ਰੀ ਪਰਮਾਤਮਾ ਦੇ ਨਾਮ ਤੋਂ ਵਾਂਜੀ ਰਹਿੰਦੀ ਹੈ, ਉਹ) ਕੋਝੇ ਭੁਲੇਖੇ ਵਿਚ ਪੈ ਕੇ ਜੀਵਨ-ਰਾਹ ਤੋਂ ਖੁੰਝ ਜਾਂਦੀ ਹੈ, ਮੁੜ ਮੁੜ ਗ਼ਲਤੀਆਂ ਕਰ ਕੇ ਪਛੁਤਾਂਦੀ ਰਹਿੰਦੀ ਹੈ।
47694	1111	ਪਿਰਿ ਛੋਡਿਅੜੀ ਸੁਤੀ ਪਿਰ ਕੀ ਸਾਰ ਨ ਜਾਣੀ॥	ਸੁੱਤੀ	Pir Shhoddiarree Suthee Pir Kee Saar N Jaanee ||	Abandoning her Husband Lord, she sleeps, and does not appreciate His Worth.	(ਅਜਿਹੀ ਜੀਵ-ਇਸਤ੍ਰੀ) ਪ੍ਰਭੂ-ਪਤੀ ਦੀ ਕਦਰ ਨਹੀਂ ਸਮਝਦੀ। (ਮਾਇਆ ਦੇ ਮੋਹ ਦੀ ਨੀਂਦ ਵਿਚ) ਗ਼ਾਫ਼ਿਲ ਹੋ ਰਹੀ (ਅਜਿਹੀ ਜੀਵ-ਇਸਤ੍ਰੀ) ਨੂੰ ਪ੍ਰਭੂ-ਪਤੀ ਨੇ ਭੀ ਮਨੋਂ ਲਾਹ ਦਿੱਤਾ ਹੁੰਦਾ ਹੈ।
47695	1111	ਪਿਰਿ ਛੋਡੀ ਸੁਤੀ ਅਵਗਣਿ ਮੁਤੀ ਤਿਸੁ ਧਨ ਵਿਧਣ ਰਾਤੇ॥	ਮੁੱਤੀ। ਵਿੱਧਣ	Pir Shhoddee Suthee Avagan Muthee This Dhhan Vidhhan Raathae ||	Leaving her Husband Lord, she sleeps, and is plundered by her faults and demerits. The night is so painful for this bride.	ਮਾਇਆ ਦੇ ਮੋਹ ਦੀ ਨੀਂਦ ਵਿਚ ਸੁੱਤੀ ਹੋਈ ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਨੇ ਪਿਆਰ ਕਰਨਾ ਛੱਡ ਦਿੱਤਾ, (ਮਾਇਆ ਦੇ ਮੋਹ ਦੀ ਨੀਂਦ ਵਿਚ ਸੁੱਤੀ ਰਹਿਣ ਦੇ ਇਸ) ਔਗੁਣ ਦੇ ਕਾਰਨ ਤਿਆਗ ਦਿੱਤਾ, ਉਸ ਜੀਵ-ਇਸਤ੍ਰੀ ਦੀ ਜ਼ਿੰਦਗੀ ਦੀ ਰਾਤ ਦੁੱਖਦਾਈ ਹੋ ਜਾਂਦੀ ਹੈ (ਉਸ ਦੀ ਸਾਰੀ ਉਮਰ ਦੁੱਖਾਂ ਵਿਚ ਬੀਤਦੀ ਹੈ)।

47696	1111	ਕਾਮਿ ਕ੍ਰੋਧਿ ਅਹੰਕਾਰਿ ਵਿਗੁਤੀ ਹਉਮੈ ਲਗੀ ਤਾਤੇ॥		Kaam Krodhh Ahankaar Viguthee Houmai Lagee Thaathae ||	Sexual desire, anger and egotism destroy her. She burns in egotism.	ਉਹ ਇਸਤ੍ਰੀ ਕਾਮ ਵਿਚ ਕ੍ਰੋਧ ਵਿਚ ਅਹੰਕਾਰ ਵਿਚ (ਸਦਾ) ਖ਼ੁਆਰ ਹੁੰਦੀ ਰਹਿੰਦੀ ਹੈ, ਉਸ ਨੂੰ ਹਉਮੈ ਚੰਬੜੀ ਰਹਿੰਦੀ ਹੈ ਉਸ ਨੂੰ ਈਰਖਾ ਚੰਬੜੀ ਰਹਿੰਦੀ ਹੈ।
47697	1111	ਉਡਰਿ ਹੰਸੁ ਚਲਿਆ ਫੁਰਮਾਇਆ ਭਸਮੈ ਭਸਮ ਸਮਾਣੀ॥		Ouddar Hans Chaliaa Furamaaeiaa Bhasamai Bhasam Samaanee ||	When the soul-swan flies away, by the Command of the Lord, her dust mingles with dust.	ਪਰਮਾਤਮਾ ਦੇ ਹੁਕਮ ਅਨੁਸਾਰ ਜੀਵਾਤਮਾ (ਤਾਂ ਆਖ਼ਿਰ ਸਰੀਰ ਨੂੰ ਛੱਡ ਕੇ) ਤੁਰ ਪੈਂਦਾ ਹੈ, ਤੇ, ਸਰੀਰ ਮਿੱਟੀ ਦੀ ਢੇਰੀ ਹੋ ਕੇ ਮਿੱਟੀ ਨਾਲ ਮਿਲ ਜਾਂਦਾ ਹੈ।
47698	1111	ਨਾਨਕ ਸਚੇ ਨਾਮ ਵਿਹੂਣੀ ਭੁਲਿ ਭੁਲਿ ਪਛੋਤਾਣੀ॥੧॥		Naanak Sachae Naam Vihoonee Bhul Bhul Pashhothaanee ||1||	O Nanak, without the True Name, she is confused and deluded, and so she regrets and repents. ||1||	ਪਰ, ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਭੁੱਲੀ ਹੋਈ ਜੀਵ-ਇਸਤ੍ਰੀ ਸਾਰੀ ਉਮਰ ਭੁੱਲਾਂ ਕਰ ਕਰ ਕੇ (ਅਨੇਕਾਂ ਦੁੱਖ ਸਹੇੜ ਕੇ) ਪਛੁਤਾਂਦੀ ਰਹਿੰਦੀ ਹੈ ॥੧॥
47699	1111	ਸੁਣਿ ਨਾਹ ਪਿਆਰੇ ਇਕ ਬੇਨੰਤੀ ਮੇਰੀ॥		Sun Naah Piaarae Eik Baenanthee Maeree ||	Please listen, O my Beloved Husband Lord, to my one prayer.	ਹੇ ਪਿਆਰੇ (ਪ੍ਰਭੂ-) ਪਤੀ! ਮੇਰੀ ਇਕ ਬੇਨਤੀ ਸੁਣ-
47700	1111	ਤੂ ਨਿਜ ਘਰਿ ਵਸਿਅੜਾ ਹਉ ਰੁਲਿ ਭਸਮੈ ਢੇਰੀ॥		Thoo Nij Ghar Vasiarraa Ho Rul Bhasamai Dtaeree ||	You dwell in the home of the self deep within, while I roll around like a dust-ball.	ਤੂੰ ਆਪਣੇ ਘਰ ਵਿਚ ਵੱਸ ਰਿਹਾ ਹੈਂ, ਪਰ ਮੈਂ (ਤੈਥੋਂ ਵਿਛੁੜ ਕੇ ਵਿਕਾਰਾਂ ਵਿਚ) ਖ਼ੁਆਰ ਹੋ ਕੇ ਸੁਆਹ ਦੀ ਢੇਰੀ ਹੋ ਰਹੀ ਹਾਂ।

47701	1111	ਬਿਨੁ ਅਪਨੇ ਨਾਹੈ ਕੋਇ ਨ ਚਾਹੈ ਕਿਆ ਕਹੀਐ ਕਿਆ ਕੀਜੈ॥		Bin Apanae Naahai Koe N Chaahai Kiaa Keheeai Kiaa Keejai ||	Without my Husband Lord, no one likes me at all; what can I say or do now?	ਆਪਣੇ (ਪ੍ਰਭੂ-) ਪਤੀ ਤੋਂ ਬਿਨਾ (ਪ੍ਰਭੂ-ਪਤੀ ਤੋਂ ਵਿਛੁੜੀ ਜੀਵ-ਇਸਤ੍ਰੀ ਨੂੰ) ਕੋਈ ਪਿਆਰ ਨਹੀਂ ਕਰਦਾ। (ਇਸ ਹਾਲਤ ਵਿਚ ਫਿਰ) ਕੀਹ ਆਖਣਾ ਚਾਹੀਦਾ ਹੈ? ਕੀਹ ਕਰਨਾ ਚਾਹੀਦਾ ਹੈ?
47702	1111	ਅੰਮ੍ਰਿਤ ਨਾਮੁ ਰਸਨ ਰਸੁ ਰਸਨਾ ਗੁਰ ਸਬਦੀ ਰਸੁ ਪੀਜੈ॥		Anmrith Naam Rasan Ras Rasanaa Gur Sabadhee Ras Peejai ||	The Ambrosial Naam, the Name of the Lord, is the sweetest nectar of nectars. Through the Word of the Guru's Shabad, with my tongue, I drink in this nectar.	(ਹੇ ਜੀਵ-ਇਸਤ੍ਰੀ!) ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ (ਦੁਨੀਆ ਦੇ) ਸਭ ਰਸਾਂ ਤੋਂ ਸ੍ਰੇਸ਼ਟ ਰਸ ਹੈ; ਗੁਰੂ ਦੇ ਸ਼ਬਦ ਦੀ ਰਾਹੀਂ ਇਹ ਨਾਮ-ਰਸ ਜੀਭ ਨਾਲ ਪੀਂਦੇ ਰਹਿਣਾ ਚਾਹੀਦਾ ਹੈ।
47703	1111	ਵਿਣੁ ਨਾਵੈ ਕੋ ਸੰਗਿ ਨ ਸਾਥੀ ਆਵੈ ਜਾਇ ਘਨੇਰੀ॥		Vin Naavai Ko Sang N Saathhee Aavai Jaae Ghanaeree ||	Without the Name, no one has any friend or companion; millions come and go in reincarnation.	ਪਰਮਾਤਮਾ ਦੇ ਨਾਮ ਤੋਂ ਬਿਨਾ (ਜਿੰਦ ਦਾ ਹੋਰ) ਕੋਈ ਸੰਗੀ ਨਹੀਂ ਕੋਈ ਸਾਥੀ ਨਹੀਂ। (ਨਾਮ ਤੋਂ ਖੁੰਝ ਕੇ) ਬਹੁਤ ਲੋਕਾਈ ਜਨਮ ਮਰਨ ਦੇ ਗੇੜ ਵਿਚ ਪਈ ਰਹਿੰਦੀ ਹੈ।

47704	1111	ਨਾਨਕ ਲਾਹਾ ਲੈ ਘਰਿ ਜਾਈਐ ਸਾਚੀ ਸਚੁ ਮਤਿ ਤੇਰੀ॥੨॥		Naanak Laahaa Lai Ghar Jaaeeai Saachee Sach Math Thaeree ||2||	Nanak: the profit is earned and the soul returns home. True, true are Your Teachings. ||2||	ਹੇ ਨਾਨਕ! (ਆਖ-ਹੇ ਭਾਈ!) ਪਰਮਾਤਮਾ ਦਾ ਨਾਮ-ਲਾਭ ਖੱਟ ਕੇ ਪ੍ਰਭੂ ਦੀ ਹਜ਼ੂਰੀ ਵਿਚ ਅੱਪੜ ਜਾਈਦਾ ਹੈ। ਪਰਮਾਤਮਾ ਦਾ ਸਦਾ-ਥਿਰ ਨਾਮ (ਜਪਿਆ ਕਰ। ਇਸ ਦੀ ਬਰਕਤ ਨਾਲ) ਤੇਰੀ ਮੱਤ (ਵਿਕਾਰਾਂ ਦੇ ਹੱਲਿਆਂ ਤੋਂ) ਅਡੋਲ ਹੋ ਜਾਇਗੀ ॥੨॥
47705	1111	ਸਾਜਨ ਦੇਸਿ ਵਿਦੇਸੀਅੜੇ ਸਾਨੇਹੜੇ ਦੇਦੀ॥	(ਸਾਜਨ) ਪਰਮ ਮਿੱਤ੍ਰ ਰਾਮ ਜੀ, (ਦੇਸਿ) ਅੰਦਰ ਬਾਹਰ ਭਰਪੂਰ ਹਨ। (ਵਿਦੇਸੀਅੜੇ) ਰੱਬ ਦੇ ਦੇਸ਼ ਤੋਂ ਵਿਛੜੇ ਪ੍ਰਦੇਸੀ ਪਖੰਡੀ ਪਾਸ, (ਸਾਨੇਹੜੇ) ਪ੍ਰਾਪਤੀ ਲਈ ਸੁਨੇਹੇਂ ਦਿੰਦੀ ਹੈ,ਪਤੀ ਜੀ ਨੂੰ ਕਹੋ, ਦਾਸਨ ਦਾਸੀ ਨੂੰ ਸੁੰਦਰ ਦਰਸ਼ਨ ਬਖ਼ਸ਼ਣ। ਇਹ ਸੁਨੇਹਾਂ ਪ੍ਰਾਪਤੀ ਵਾਲੇ ਗੁਰਸੇਵਕ ਜੀ ਹੀ ਦੇ ਸਕਦੇ ਹਨ	Saajan Dhaes Vidhaeseearrae Saanaeharrae Dhaedhee ||	O Friend, You have travelled so far from Your homeland; I send my message of love to You.	ਸੱਜਣ-ਪ੍ਰਭੂ ਜੀ (ਹਰੇਕ ਜੀਵ-ਇਸਤ੍ਰੀ ਦੇ) ਹਿਰਦੇ-ਦੇਸ ਵਿਚ ਵੱਸ ਰਹੇ ਹਨ, (ਪਰ ਨਾਮ-ਹੀਣ ਜੀਵ-ਇਸਤ੍ਰੀ ਦੁੱਖਾਂ ਵਿਚ ਘਿਰ ਕੇ ਉਸ ਨੂੰ) ਪਰਦੇਸ ਵਿਚ ਵੱਸਦਾ ਜਾਣ ਕੇ (ਦੁੱਖਾਂ ਤੋਂ ਬਚਣ ਲਈ) ਤਰਲੇ-ਭਰੇ ਸਨੇਹੇ ਭੇਜਦੀ ਹੈ।

47706	1111	ਸਾਰਿ ਸਮਾਲੇ ਤਿਨ ਸਜਣਾ ਮੁੰਧ ਨੈਣ ਭਰੇਦੀ॥		Saar Samaalae Thin Sajanaa Mundhh Nain Bharaedhee ||	I cherish and remember that Friend; the eyes of this soul-bride are filled with tears.	(ਨਾਮ ਤੋਂ ਵਾਂਜੀ ਹੋਈ) ਅੰਞਾਣ ਜੀਵ-ਇਸਤ੍ਰੀ (ਸਹੇੜੇ ਹੋਏ ਦੁੱਖਾਂ ਦੇ ਕਾਰਨ) ਰੋਂਦੀ ਹੈ, ਵਿਰਲਾਪ ਕਰਦੀ ਹੈ ਤੇ ਉਸ ਸੱਜਣ-ਪ੍ਰਭੂ ਜੀ ਨੂੰ ਮੁੜ ਮੁੜ ਯਾਦ ਕਰਦੀ ਹੈ।
47707	1111	ਮੁੰਧ ਨੈਣ ਭਰੇਦੀ ਗੁਣ ਸਾਰੇਦੀ ਕਿਉ ਪ੍ਰਭ ਮਿਲਾ ਪਿਆਰੇ॥		Mundhh Nain Bharaedhee Gun Saaraedhee Kio Prabh Milaa Piaarae ||	The eyes of the soul-bride are filled with tears; I dwell upon Your Glorious Virtues. How can I meet my Beloved Lord God?	(ਨਾਮ ਤੋਂ ਵਾਂਜੀ ਹੋਈ) ਅੰਞਾਣ ਜੀਵ-ਇਸਤ੍ਰੀ (ਸਹੇੜੇ ਦੁੱਖਾਂ ਦੇ ਕਾਰਨ) ਵਿਰਲਾਪ ਕਰਦੀ ਹੈ, ਪ੍ਰਭੂ-ਪਤੀ ਦੇ ਗੁਣ ਚੇਤੇ ਕਰਦੀ ਹੈ, (ਤੇ, ਤਰਲੇ ਲੈਂਦੀ ਹੈ ਕਿ) ਪਿਆਰੇ ਪ੍ਰਭੂ ਨੂੰ ਕਿਵੇਂ ਮਿਲਾਂ।
47708	1111	ਮਾਰਗੁ ਪੰਥੁ ਨ ਜਾਣਉ ਵਿਖੜਾ ਕਿਉ ਪਾਈਐ ਪਿਰੁ ਪਾਰੇ॥		Maarag Panthh N Jaano Vikharraa Kio Paaeeai Pir Paarae ||	I do not know the treacherous path, the way to You. How can I find You and cross over, O my Husband Lord?	(ਜਿਸ ਦੇਸ ਵਿਚ ਉਹ ਵੱਸਦਾ ਹੈ, ਉਸ ਦਾ) ਰਸਤਾ (ਅਨੇਕਾਂ ਵਿਕਾਰਾਂ ਦੀਆਂ) ਔਕੜਾਂ ਨਾਲ ਭਰਿਆ ਹੋਇਆ ਹੈ, ਮੈਂ ਉਹ ਰਸਤਾ ਜਾਣਦੀ ਭੀ ਨਹੀਂ ਹਾਂ, ਮੈਂ ਉਸ ਪਤੀ ਨੂੰ ਕਿਵੇਂ ਮਿਲਾਂ, ਉਹ ਤਾਂ (ਇਹਨਾਂ ਵਿਕਾਰਾਂ ਦੀਆਂ ਰੁਕਾਵਟਾਂ ਤੋਂ) ਪਾਰਲੇ ਪਾਸੇ ਰਹਿੰਦਾ ਹੈ।
47709	1111	ਸਤਿਗੁਰ ਸਬਦੀ ਮਿਲੈ ਵਿਛੁੰਨੀ ਤਨੁ ਮਨੁ ਆਗੈ ਰਾਖੈ॥		Sathigur Sabadhee Milai Vishhunnee Than Man Aagai Raakhai ||	Through the Shabad, the Word of the True Guru, the separated soul-bride meets with the Lord; I place my body and mind before You.	(ਹੇ ਭਾਈ!) ਜਿਹੜੀ ਵਿਛੁੜੀ ਹੋਈ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਦੀ ਰਾਹੀਂ ਆਪਣਾ ਤਨ ਆਪਣਾ ਮਨ ਉਸ ਦੇ ਹਵਾਲੇ ਕਰ ਦੇਂਦੀ ਹੈ, ਉਹ ਉਸ ਨੂੰ ਮਿਲ ਪੈਂਦੀ ਹੈ।

47710	1111	ਨਾਨਕ ਅੰਮ੍ਰਿਤ ਬਿਰਖੁ ਮਹਾ ਰਸ ਫਲਿਆ ਮਿਲਿ ਪ੍ਰੀਤਮ ਰਸੁ ਚਾਖੈ॥੩॥	(ਬਿਰਖੁ) ਬ੍ਰਿਛ, ਗੁਰੂ	Naanak Anmrith Birakh Mehaa Ras Faliaa Mil Preetham Ras Chaakhai ||3||	O Nanak, the ambrosial tree bears the most delicious fruits; meeting with my Beloved, I taste the sweet essence. ||3||	ਹੇ ਨਾਨਕ! ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਇਕ ਐਸਾ ਰੁੱਖ ਹੈ ਜਿਸ ਨੂੰ ਉੱਚੇ ਆਤਮਕ ਗੁਣਾਂ ਦੇ ਫਲ ਲੱਗੇ ਰਹਿੰਦੇ ਹਨ, (ਗੁਰੂ ਦੇ ਸ਼ਬਦ ਦੀ ਰਾਹੀਂ ਆਪਣਾ ਤਨ ਮਨ ਭੇਟਾ ਕਰਨ ਵਾਲੀ ਜੀਵ-ਇਸਤ੍ਰੀ) ਪ੍ਰੀਤਮ-ਪ੍ਰਭੂ ਨੂੰ ਮਿਲ ਕੇ (ਉਸ ਰੁੱਖ ਦੇ ਫਲਾਂ ਦਾ) ਸੁਆਦ ਚੱਖਦੀ ਰਹਿੰਦੀ ਹੈ ॥੩॥
47711	1111	ਮਹਲਿ ਬੁਲਾਇੜੀਏ ਬਿਲਮੁ ਨ ਕੀਜੈ॥		Mehal Bulaaeirreeeae Bilam N Keejai ||	The Lord has called you to the Mansion of His Presence - do not delay!	ਹੇ ਪ੍ਰਭੂ ਦੀ ਹਜ਼ੂਰੀ ਵਿਚ ਸੱਦੀ ਹੋਈਏ! ਢਿੱਲ ਨਹੀਂ ਕਰਨੀ ਚਾਹੀਦੀ।

47712	1112	ਅਨ ਦਿਨੁ ਰਤੜੀਏ ਸਹਜਿ ਮਿਲੀਜੈ॥	ਰੱਤੜੀਏ	Anadhin Ratharreeeae Sehaj Mileejai ||	Night and day, imbued with His Love, you shall meet with Him with intuitive ease.	ਹੇ ਹਰ ਵੇਲੇ ਪ੍ਰੇਮ-ਰੰਗ ਵਿਚ ਰੰਗੀ ਹੋਈਏ! ਆਤਮਕ ਅਡੋਲਤਾ ਵਿਚ ਟਿਕੇ ਰਹਿਣਾ ਚਾਹੀਦਾ ਹੈ (ਭਾਵ, ਜਿਹੜੀ ਜੀਵ-ਇਸਤ੍ਰੀ ਹਰ ਵੇਲੇ ਪਰਮਾਤਮਾ ਦੇ ਪਿਆਰ-ਰੰਗ ਵਿਚ ਰੰਗੀ ਰਹਿੰਦੀ ਹੈ, ਜਿਹੜੀ ਪ੍ਰਭੂ ਦੀ ਯਾਦ ਵੱਲੋਂ ਕਦੇ ਭੀ ਢਿੱਲ ਨਹੀਂ ਕਰਦੀ, ਜਿਹੜੀ ਹਰ ਵੇਲੇ ਆਤਮਕ ਅਡੋਲਤਾ ਵਿਚ ਟਿਕੀ ਰਹਿੰਦੀ ਹੈ, ਉਸ ਜੀਵ-ਇਸਤ੍ਰੀ ਨੂੰ ਪਰਮਾਤਮਾ ਆਪਣੇ ਚਰਨਾਂ ਵਿਚ ਜੋੜਦਾ ਹੈ)।
47713	1112	ਸੁਖਿ ਸਹਜਿ ਮਿਲੀਜੈ ਰੋਸੁ ਨ ਕੀਜੈ ਗਰਬੁ ਨਿਵਾਰਿ ਸਮਾਣੀ॥		Sukh Sehaj Mileejai Ros N Keejai Garab Nivaar Samaanee ||	In celestial peace and poise, you shall meet Him; do not harbor anger - subdue your proud self!	ਆਤਮਕ ਅਨੰਦ ਵਿਚ ਆਤਮਕ ਅਡੋਲਤਾ ਵਿਚ ਟਿਕੇ ਰਹਿਣਾ ਚਾਹੀਦਾ ਹੈ, (ਕਿਸੇ ਆਪਣੇ ਉੱਦਮ ਤੇ ਮਾਣ ਕਰ ਕੇ ਇਸ ਗੱਲ ਦਾ) ਗਿਲਾ ਨਹੀਂ ਕਰਨਾ ਚਾਹੀਦਾ (ਕਿ ਮੇਰਾ ਉੱਦਮ ਛੇਤੀ ਸਫਲ ਕਿਉਂ ਨਹੀਂ ਹੁੰਦਾ। ਜਿਹੜੀ ਭੀ ਜੀਵ-ਇਸਤ੍ਰੀ ਪ੍ਰਭੂ ਦਾ ਮਿਲਾਪ ਹਾਸਲ ਕਰਦੀ ਹੈ) ਅਹੰਕਾਰ ਦੂਰ ਕਰ ਕੇ (ਹੀ ਪ੍ਰਭੂ ਵਿਚ) ਲੀਨ ਹੁੰਦੀ ਹੈ।

47714	1112	ਸਾਚੈ ਰਾਤੀ ਮਿਲੈ ਮਿਲਾਈ ਮਨਮੁਖਿ ਆਵਣ ਜਾਣੀ॥		Saachai Raathee Milai Milaaee Manamukh Aavan Jaanee ||	Imbued with Truth, I am united in His Union, while the self-willed manmukhs continue coming and going.	ਜਿਸ ਨੂੰ ਗੁਰੂ ਮਿਲਾਂਦਾ ਹੈ ਉਹੀ ਮਿਲਦੀ ਹੈ, ਉਹ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੇ ਪ੍ਰੇਮ ਰੰਗ ਵਿਚ ਰੰਗੀ ਰਹਿੰਦੀ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜਨਮ ਮਰਨ ਦੇ ਗੇੜ ਵਿਚ ਪਈ ਰਹਿੰਦੀ ਹੈ।
47715	1112	ਜਬ ਨਾਚੀ ਤਬ ਘੂਘਟੁ ਕੈਸਾ ਮਟੁਕੀ ਫੋੜਿ ਨਿਰਾਰੀ॥		Jab Naachee Thab Ghooghatt Kaisaa Mattukee Forr Niraaree ||	When you dance, what veil covers you? Break the water pot, and be unattached.	(ਜਿਵੇਂ) ਜਦੋਂ ਕੋਈ ਇਸਤ੍ਰੀ ਨੱਚਣ ਲੱਗ ਪਏ ਤਾਂ ਉਹ ਘੁੰਡ ਨਹੀਂ ਕੱਢਦੀ, (ਤਿਵੇਂ ਜਿਹੜੀ ਜੀਵ-ਇਸਤ੍ਰੀ ਪ੍ਰਭੂ-ਪਿਆਰ ਦੇ ਰਾਹ ਤੇ ਤੁਰਦੀ ਹੈ ਉਹ) ਸਰੀਰ ਦਾ ਮੋਹ ਛੱਡ ਕੇ (ਮਾਇਆ ਤੋਂ) ਨਿਰਲੇਪ ਹੋ ਜਾਂਦੀ ਹੈ।
47716	1112	ਨਾਨਕ ਆਪੈ ਆਪੁ ਪਛਾਣੈ ਗੁਰਮੁਖਿ ਤਤੁ ਬੀਚਾਰੀ॥੪॥੪॥		Naanak Aapai Aap Pashhaanai Guramukh Thath Beechaaree ||4||4||	O Nanak, realize your own self; as Gurmukh, contemplate the essence of reality. ||4||4||	ਹੇ ਨਾਨਕ! ਗੁਰੂ ਦੇ ਦੱਸੇ ਰਾਹ ਉੱਤੇ ਤੁਰਨ ਵਾਲਾ ਮਨੁੱਖ ਸਦਾ ਆਪਣੇ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ, ਉਹ ਅਸਲ ਜੀਵਨ-ਰਾਹ ਨੂੰ ਆਪਣੇ ਵਿਚਾਰ-ਮੰਡਲ ਵਿਚ ਟਿਕਾਈ ਰੱਖਦਾ ਹੈ ॥੪॥੪॥
47717	1112	ਤੁਖਾਰੀ ਮਹਲਾ ੧॥		Thukhaaree Mehalaa 1 ||	Tukhaari, First Mehl:	
47718	1112	ਮੇਰੇ ਲਾਲ ਰੰਗੀਲੇ ਹਮ ਲਾਲਨ ਕੇ ਲਾਲੇ॥		Maerae Laal Rangeelae Ham Laalan Kae Laalae ||	O my Dear Beloved, I am the slave of Your slaves.	ਸੋਹਣੇ ਪ੍ਰਭੂ ਜੀ ਅਨੇਕਾਂ ਕੌਤਕ ਕਰਨ ਵਾਲੇ ਹਨ, ਮੈਂ ਉਸ ਸੋਹਣੇ ਪ੍ਰਭੂ ਦਾ (ਸਦਾ ਲਈ) ਗ਼ੁਲਾਮ ਹਾਂ।

47719	1112	ਗੁਰਿ ਅਲਖੁ ਲਖਾਇਆ ਅਵਰੁ ਨ ਦੂਜਾ ਭਾਲੇ॥		Gur Alakh Lakhaaeiaa Avar N Dhoojaa Bhaalae ||	The Guru has shown me the Invisible Lord, and now, I do not seek any other.	(ਜਿਸ ਮਨੁੱਖ ਨੂੰ) ਗੁਰੂ ਨੇ ਅਲੱਖ ਪ੍ਰਭੂ ਦੀ ਸੂਝ ਬਖ਼ਸ਼ ਦਿੱਤੀ, (ਉਹ ਮਨੁੱਖ ਉਸ ਨੂੰ ਛੱਡ ਕੇ) ਕਿਸੇ ਹੋਰ ਦੀ ਭਾਲ ਨਹੀਂ ਕਰਦਾ।
47720	1112	ਗੁਰਿ ਅਲਖੁ ਲਖਾਇਆ ਜਾ ਤਿਸੁ ਭਾਇਆ ਜਾ ਪ੍ਰਭਿ ਕਿਰਪਾ ਧਾਰੀ॥		Gur Alakh Lakhaaeiaa Jaa This Bhaaeiaa Jaa Prabh Kirapaa Dhhaaree ||	The Guru showed me the Invisible Lord, when it pleased Him, and when God showered His Blessings.	ਜਦੋਂ ਪ੍ਰਭੂ ਦੀ ਰਜ਼ਾ ਹੋਈ, ਜਦੋਂ ਪ੍ਰਭੂ ਨੇ (ਕਿਸੇ ਜੀਵ ਉਤੇ) ਕਿਰਪਾ ਕੀਤੀ, ਤਦੋਂ ਗੁਰੂ ਨੇ ਉਸ ਨੂੰ ਅਲੱਖ ਪ੍ਰਭੂ ਦਾ ਗਿਆਨ ਦਿੱਤਾ।
47721	1112	ਜਗਜੀਵਨੁ ਦਾਤਾ ਪੁਰਖੁ ਬਿਧਾਤਾ ਸਹਜਿ ਮਿਲੇ ਬਨਵਾਰੀ॥		Jagajeevan Dhaathaa Purakh Bidhhaathaa Sehaj Milae Banavaaree ||	The Life of the World, the Great Giver, the Primal Lord, the Architect of Destiny, the Lord of the woods - I have met Him with intuitive ease.	ਤਦੋਂ ਉਸ ਨੂੰ ਆਤਮਕ ਅਡੋਲਤਾ ਵਿਚ ਟਿਕ ਕੇ ਉਹ ਪਰਮਾਤਮਾ ਮਿਲ ਪੈਂਦਾ ਹੈ ਜਿਹੜਾ ਜਗਤ ਦਾ ਸਹਾਰਾ ਹੈ ਜਿਹੜਾ ਸਭ ਦਾਤਾਂ ਦੇਣ ਵਾਲਾ ਹੈ ਜਿਹੜਾ ਸਰਬ-ਵਿਆਪਕ ਹੈ ਅਤੇ ਸਿਰਜਣਹਾਰ ਹੈ।
47722	1112	ਨਦਰਿ ਕਰਹਿ ਤੂ ਤਾਰਹਿ ਤਰੀਐ ਸਚੁ ਦੇਵਹੁ ਦੀਨ ਦਇਆਲਾ॥		Nadhar Karehi Thoo Thaarehi Thareeai Sach Dhaevahu Dheen Dhaeiaalaa ||	Bestow Your Glance of Grace and carry me across, to save me. Please bless me with the Truth, O Lord, Merciful to the meek.	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! ਜਦੋਂ ਤੂੰ ਆਪਣਾ ਸਦਾ-ਥਿਰ ਨਾਮ ਦੇਂਦਾ ਹੈਂ, ਜਦੋਂ ਤੂੰ ਮਿਹਰ ਦੀ ਨਿਗਾਹ ਕਰਦਾ ਹੈਂ, ਜਦੋਂ ਤੂੰ (ਆਪ ਸੰਸਾਰ-ਸਮੁੰਦਰ ਤੋਂ) ਪਾਰ ਲੰਘਾਂਦਾ ਹੈਂ, ਤਦੋਂ ਹੀ ਪਾਰ ਲੰਘ ਸਕੀਦਾ ਹੈ।

47723	1112	ਪ੍ਰਣਵਤਿ ਨਾਨਕ ਦਾਸਨਿ ਦਾਸਾ ਤੂ ਸਰਬ ਜੀਆ ਪ੍ਰਤਿਪਾਲਾ॥੧॥		Pranavath Naanak Dhaasan Dhaasaa Thoo Sarab Jeeaa Prathipaalaa ||1||	Prays Nanak, I am the slave of Your slaves. You are the Cherisher of all souls. ||1||	ਤੇਰੇ ਦਾਸਾਂ ਦਾ ਦਾਸ ਨਾਨਕ ਬੇਨਤੀ ਕਰਦਾ ਹੈ ਕਿ ਤੂੰ ਸਾਰੇ ਜੀਵਾਂ ਦੀ ਰੱਖਿਆ ਕਰਨ ਵਾਲਾ ਹੈਂ ॥੧॥
47724	1112	ਭਰਿਪੁਰਿ ਧਾਰਿ ਰਹੇ ਅਤਿ ਪਿਆਰੇ॥		Bharipur Dhhaar Rehae Ath Piaarae ||	My Dear Beloved is enshrined throughout the Universe.	ਗੁਰੂ ਦੇ ਸ਼ਬਦ ਦੀ ਰਾਹੀਂ (ਇਹ ਸਮਝ ਪੈਂਦੀ ਹੈ ਕਿ ਸਭ ਜੀਵਾਂ ਨੂੰ) ਬਹੁਤ ਹੀ ਪਿਆਰ ਕਰਨ ਵਾਲਾ ਪਰਮਾਤਮਾ ਸਭ ਵਿਚ ਵਿਆਪਕ ਹੈ,
47725	1112	ਸਬਦੇ ਰਵਿ ਰਹਿਆ ਗੁਰ ਰੂਪਿ ਮੁਰਾਰੇ॥		Sabadhae Rav Rehiaa Gur Roop Muraarae ||	The Shabad is pervading, through the Guru, the Embodiment of the Lord.	(ਸਾਰੀ ਸ੍ਰਿਸ਼ਟੀ ਨੂੰ) ਆਸਰਾ ਦੇ ਰਿਹਾ ਹੈ, ਵੱਡੀ ਹਸਤੀ ਵਾਲਾ ਹੈ ਅਤੇ ਸਭ ਜੀਵਾਂ ਵਿਚ ਮੌਜੂਦ ਹੈ।
47726	1112	ਗੁਰ ਰੂਪ ਮੁਰਾਰੇ ਤ੍ਰਿਭਵਣ ਧਾਰੇ ਤਾ ਕਾ ਅੰਤੁ ਨ ਪਾਇਆ॥		Gur Roop Muraarae Thribhavan Dhhaarae Thaa Kaa Anth N Paaeiaa ||	The Guru, the Embodiment of the Lord, is enshrined throughout the three worlds; His limits cannot be found.	ਸਭ ਤੋਂ ਵੱਡੀ ਹਸਤੀ ਵਾਲਾ ਪਰਮਾਤਮਾ ਤਿੰਨਾਂ ਭਵਨਾਂ ਨੂੰ ਸਹਾਰਾ ਦੇ ਰਿਹਾ ਹੈ, (ਕਿਸੇ ਭੀ ਜੀਵ ਨੇ ਅਜੇ ਤਕ) ਉਸ (ਦੇ ਗੁਣਾਂ) ਦਾ ਅੰਤ ਨਹੀਂ ਲੱਭਾ।
47727	1112	ਰੰਗੀ ਜਿਨਸੀ ਜੰਤ ਉਪਾਏ ਨਿਤ ਦੇਵੈ ਚੜੈ ਸਵਾਇਆ॥	ਰੰਗੀਂ। ਜਿਨਸੀਂ।	Rangee Jinasee Janth Oupaaeae Nith Dhaevai Charrai Savaaeiaa ||	He created the beings of various colors and kinds; His Blessings increase day by day.	ਉਹ ਪਰਮਾਤਮਾ ਅਨੇਕਾਂ ਰੰਗਾਂ ਦੇ ਅਨੇਕਾਂ ਕਿਸਮਾਂ ਦੇ ਜੀਵ ਪੈਦਾ ਕਰਦਾ ਹੈ, (ਸਭ ਜੀਵਾਂ ਨੂੰ) ਸਦਾ (ਦਾਨ) ਦੇਂਦਾ ਹੈ, ਅਤੇ ਉਸ ਦਾ ਭੰਡਾਰਾ ਸਦਾ ਵਧਦਾ ਹੀ ਰਹਿੰਦਾ ਹੈ।

47728	1112	ਅਪਰੰਪਰੁ ਆਪੇ ਥਾਪਿ ਉਥਾਪੇ ਤਿਸੁ ਭਾਵੈ ਸੋ ਹੋਵੈ॥	ਅਪ-ਰੰਪਰੁ	Aparanpar Aapae Thhaap Outhhaapae This Bhaavai So Hovai ||	The Infinite Lord Himself establishes and disestablishes; whatever pleases Him, happens.	ਪਰਮਾਤਮਾ ਬਹੁਤ ਬੇਅੰਤ ਹੈ, ਉਹ ਆਪ ਹੀ ਪੈਦਾ ਕਰ ਕੇ ਆਪ ਹੀ ਨਾਸ ਕਰਦਾ ਹੈ। (ਜਗਤ ਵਿਚ) ਉਹੀ ਕੁਝ ਹੁੰਦਾ ਹੈ ਜੋ ਉਸ ਨੂੰ ਚੰਗਾ ਲੱਗਦਾ ਹੈ।
47729	1112	ਨਾਨਕ ਹੀਰਾ ਹੀਰੈ ਬੇਧਿਆ ਗੁਣ ਕੈ ਹਾਰਿ ਪਰੋਵੈ॥੨॥		Naanak Heeraa Heerai Baedhhiaa Gun Kai Haar Parovai ||2||	O Nanak, the diamond of the mind is pierced through by the diamond of spiritual wisdom. The garland of virtue is strung. ||2||	ਹੇ ਨਾਨਕ! (ਆਖ ਕਿ ਜਿਹੜਾ ਜੀਵ ਉਸ ਪਰਮਾਤਮਾ ਦੇ) ਗੁਣਾਂ ਦੇ ਹਾਰ ਵਿਚ (ਆਪਣੇ ਆਪ ਨੂੰ) ਪ੍ਰੋ ਲੈਂਦਾ ਹੈ ਉਹ ਪਵਿੱਤਰ ਹੋ ਚੁਕਿਆ ਜੀਵਾਤਮਾ ਮਹਾਨ ਉੱਚੇ ਪਰਮਾਤਮਾ ਵਿਚ ਇੱਕ-ਰੂਪ ਹੋ ਜਾਂਦਾ ਹੈ ॥੨॥
47730	1112	ਗੁਣ ਗੁਣਹਿ ਸਮਾਣੇ ਮਸਤਕਿ ਨਾਮ ਨੀਸਾਣੋ॥		Gun Gunehi Samaanae Masathak Naam Neesaano ||	The virtuous person merges in the Virtuous Lord; his forehead bears the insignia of the Naam, the Name of the Lord.	ਜਿਨ੍ਹਾਂ ਦੇ ਮੱਥੇ ਉਤੇ ਪਰਮਾਤਮਾ ਦੇ ਨਾਮ ਦੀ ਪ੍ਰਾਪਤੀ ਦਾ ਲੇਖ ਲਿਖਿਆ ਹੁੰਦਾ ਹੈ, ਉਹ ਮਨੁੱਖ ਪਰਮਾਤਮਾ ਦੇ ਗੁਣ ਉਚਾਰ ਕੇ ਉਹਨਾਂ ਗੁਣਾਂ ਵਿਚ ਲੀਨ ਹੋਏ ਰਹਿੰਦੇ ਹਨ।
47731	1112	ਸਚੁ ਸਾਚਿ ਸਮਾਇਆ ਚੂਕਾ ਆਵਣ ਜਾਣੋ॥		Sach Saach Samaaeiaa Chookaa Aavan Jaano ||	The true person merges in the True Lord; his comings and goings are over.	ਜਿਹੜਾ ਮਨੁੱਖ ਸਦਾ-ਥਿਰ ਹਰਿ-ਨਾਮ ਉਚਾਰ ਕੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਹੋਇਆ ਰਹਿੰਦਾ ਹੈ, ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।

47732	1112	ਸਚੁ ਸਾਚਿ ਪਛਾਤਾ ਸਾਚੈ ਰਾਤਾ ਸਾਚੁ ਮਿਲੈ ਮਨਿ ਭਾਵੈ॥		Sach Saach Pashhaathaa Saachai Raathaa Saach Milai Man Bhaavai ||	The true person realizes the True Lord, and is imbued with Truth. He meets the True Lord, and is pleasing to the Lord's Mind.	ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿਣ ਵਾਲਾ ਮਨੁੱਖ ਸਦਾ-ਕਾਇਮ ਪ੍ਰਭੂ ਨਾਲ ਡੂੰਘੀ ਸਾਂਝ ਪਾਈ ਰੱਖਦਾ ਹੈ, ਸਦਾ-ਥਿਰ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਉਸ ਨੂੰ ਸਦਾ-ਥਿਰ ਪ੍ਰਭੂ ਦਾ ਮਿਲਾਪ ਪ੍ਰਾਪਤ ਹੋ ਜਾਂਦਾ ਹੈ, ਉਸ ਦੇ ਮਨ ਵਿਚ ਉਹ ਪਿਆਰਾ ਲੱਗਦਾ ਰਹਿੰਦਾ ਹੈ।
47733	1112	ਸਾਚੇ ਊਪਰਿ ਅਵਰੁ ਨ ਦੀਸੈ ਸਾਚੇ ਸਾਚਿ ਸਮਾਵੈ॥		Saachae Oopar Avar N Dheesai Saachae Saach Samaavai ||	No one else is seen to be above the True Lord; the true person merges in the True Lord.	ਉਸ ਮਨੁੱਖ ਨੂੰ ਸਦਾ-ਥਿਰ ਪਰਮਾਤਮਾ ਤੋਂ ਵੱਡਾ ਹੋਰ ਕੋਈ ਨਹੀਂ ਦਿੱਸਦਾ, ਉਹ ਹਰ ਵੇਲੇ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਰਿਹਾ ਹੁੰਦਾ ਹੈ।
47734	1112	ਮੋਹਨਿ ਮੋਹਿ ਲੀਆ ਮਨੁ ਮੇਰਾ ਬੰਧਨ ਖੋਲਿ ਨਿਰਾਰੇ॥		Mohan Mohi Leeaa Man Maeraa Bandhhan Khol Niraarae ||	The Fascinating Lord has fascinated my mind; releasing me from bondage, He has set me free.	ਉਸ ਮੋਹਨ (ਪ੍ਰਭੂ) ਨੇ ਮੇਰਾ ਮਨ (ਭੀ) ਮੋਹ ਲਿਆ ਹੋਇਆ ਹੈ। ਪ੍ਰਭੂ ਨੇ ਮੇਰੇ (ਮਾਇਆ ਦੇ ਮੋਹ ਦੇ) ਬੰਧਨ ਕੱਟ ਕੇ ਮੈਨੂੰ (ਮਾਇਆ ਤੋਂ) ਨਿਰਲੇਪ ਕਰ ਦਿੱਤਾ ਹੈ।
47735	1112	ਨਾਨਕ ਜੋਤੀ ਜੋਤਿ ਸਮਾਣੀ ਜਾ ਮਿਲਿਆ ਅਤਿ ਪਿਆਰੇ॥੩॥		Naanak Jothee Joth Samaanee Jaa Miliaa Ath Piaarae ||3||	O Nanak, my light merged into the Light, when I met my most Darling Beloved. ||3||	ਨਾਨਕ ਆਖਦਾ ਹੈ- ਜਦੋਂ (ਕੋਈ ਵਡ-ਭਾਗੀ ਮਨੁੱਖ ਉਸ) ਅੱਤ ਪਿਆਰੇ ਪਰਮਾਤਮਾ ਨੂੰ ਮਿਲ ਪੈਂਦਾ ਹੈ, ਉਸ ਦੀ ਜਿੰਦ ਪ੍ਰਭੂ ਦੀ ਜੋਤਿ ਵਿਚ ਲੀਨ ਹੋ ਜਾਂਦੀ ਹੈ ॥੩॥

47736	1112	ਸਚ ਘਰੁ ਖੋਜਿ ਲਹੇ ਸਾਚਾ ਗੁਰ ਥਾਨੋ॥		Sach Ghar Khoj Lehae Saachaa Gur Thhaano ||	By searching, the true home, the place of the True Guru is found.	ਜਿਸ ਮਨੁੱਖ ਨੂੰ ਸਦਾ-ਥਿਰ ਸਾਧ ਸੰਗਤ ਪ੍ਰਾਪਤ ਹੋ ਜਾਂਦੀ ਹੈ, ਉਹ ਮਨੁੱਖ (ਸਾਧ ਸੰਗਤ ਵਿਚ) ਖੋਜ ਕਰ ਕੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਟਿਕਾਣਾ ਲੱਭ ਲੈਂਦਾ ਹੈ।
47737	1112	ਮਨਮੁਖਿ ਨਹ ਪਾਈਐ ਗੁਰਮੁਖਿ ਗਿਆਨੋ॥		Manamukh Neh Paaeeai Guramukh Giaano ||	The Gurmukh obtains spiritual wisdom, while the self-willed manmukh does not.	ਗੁਰੂ ਦੀ ਸਰਨ ਪਿਆਂ ਪਰਮਾਤਮਾ ਨਾਲ ਡੂੰਘੀ ਸਾਂਝ ਪ੍ਰਾਪਤ ਹੁੰਦੀ ਹੈ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਨੂੰ (ਇਹ ਦਾਤਿ) ਨਹੀਂ ਮਿਲਦੀ।
47738	1112	ਦੇਵੈ ਸਚੁ ਦਾਨੋ ਸੋ ਪਰਵਾਨੋ ਸਦ ਦਾਤਾ ਵਡ ਦਾਨਾ॥		Dhaevai Sach Dhaano So Paravaano Sadh Dhaathaa Vadd Dhaanaa ||	Whoever the Lord has blessed with the gift of Truth is accepted; the Supremely Wise Lord is forever the Great Giver.	(ਗੁਰੂ ਜਿਸ ਮਨੁੱਖ ਨੂੰ) ਸਦਾ ਦਾਤਾਂ ਦੇਣ ਵਾਲੇ ਵੱਡੇ ਸਿਆਣੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਨਾਮ-ਦਾਨ ਦੇਂਦਾ ਹੈ,
47739	1112	ਅਮਰੁ ਅਜੋਨੀ ਅਸਥਿਰੁ ਜਾਪੈ ਸਾਚਾ ਮਹਲੁ ਚਿਰਾਨਾ॥		Amar Ajonee Asathhir Jaapai Saachaa Mehal Chiraanaa ||	He is known to be Immortal, Unborn and Permanent; the True Mansion of His Presence is everlasting.	ਉਹ ਮਨੁੱਖ ਉਸ ਅਮਰ ਅਜੋਨੀ ਅਤੇ ਸਦਾ-ਥਿਰ ਪ੍ਰਭੂ (ਦਾ ਨਾਮ ਸਦਾ) ਜਪਦਾ ਰਹਿੰਦਾ ਹੈ, ਉਸ ਮਨੁੱਖ ਨੂੰ ਪਰਮਾਤਮਾ ਦਾ ਮੁੱਢ ਕਦੀਮਾਂ ਦਾ ਸਦਾ-ਥਿਰ ਟਿਕਾਣਾ ਲੱਭ ਪੈਂਦਾ ਹੈ।

47740	1112	ਦੋਤਿ ਉਚਾਪਤਿ ਲੇਖੁ ਨ ਲਿਖੀਐ ਪ੍ਰਗਟੀ ਜੋਤਿ ਮੁਰਾਰੀ॥	(ਦੋਤਿ) ਉੱਠ ਗਿਆ। ਉਧਾਰ ਚੁੱਕੀ ਰੋਜ਼ ਲਿਖਾਈ ਜਾਣੀ ਇਸ ਲੇਖੇ ਦਾ (ਉਚਾਪਤਿ) ਰੋਜ਼ ਨਾਮਚਾ, ਹੰਗਤਾ ਔਗੁਣਾਂ ਵੱਲੋਂ ਗੁਰਸੇਵਕ ਜੀ, ਪੂਰਨ ਗੁਰੂ ਜੀ ਨੇ ਪੂਰਨ ਕ੍ਰਿਪਾ ਕਰਕੇ ਹਟਾ ਲਏ। ਉਚਾਪਤਿ: ਪੋਲਾ ਬੋਲੋ	Dhoth Ouchaapath Laekh N Likheeai Pragattee Joth Muraaree ||	The day-to-day account of deeds is not recorded for that person, who manifests the radiance of the Divine Light of the Lord.	(ਜਿਸ ਮਨੁੱਖ ਦੇ ਅੰਦਰ) ਪਰਮਾਤਮਾ ਦੀ ਜੋਤਿ ਪਰਗਟ ਹੋ ਜਾਂਦੀ ਹੈ, ਉਸ ਜੋਤਿ ਦੀ ਬਰਕਤਿ ਨਾਲ ਉਸ ਮਨੁੱਖ ਦਾ ਵਿਕਾਰਾਂ ਦੇ ਕਰਜ਼ੇ ਦਾ ਹਿਸਾਬ ਲਿਖਣਾ ਬੰਦ ਹੋ ਜਾਂਦਾ ਹੈ (ਭਾਵ, ਉਹ ਮਨੁੱਖ ਵਿਕਾਰਾਂ ਵਲੋਂ ਹੱਟ ਜਾਂਦਾ ਹੈ),
47741	1112	ਨਾਨਕ ਸਾਚਾ ਸਾਚੈ ਰਾਚਾ ਗੁਰਮੁਖਿ ਤਰੀਐ ਤਾਰੀ॥੪॥੫॥		Naanak Saachaa Saachai Raachaa Guramukh Thareeai Thaaree ||4||5||	O Nanak, the true person is absorbed in the True Lord; the Gurmukh crosses over to the other side. ||4||5||	ਹੇ ਨਾਨਕ! ਉਹ ਮਨੁੱਖ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦਾ ਹੈ, ਉਹ ਮਨੁੱਖ ਹਰ ਵੇਲੇ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ। ਗੁਰੂ ਦੀ ਸਰਨ ਪਿਆਂ ਹੀ (ਮਾਇਆ ਦੇ ਮੋਹ ਦੇ ਸਮੁੰਦਰ ਤੋਂ) ਇਹ ਤਾਰੀ ਤਰੀ ਜਾ ਸਕਦੀ ਹੈ ॥੪॥੫॥
47742	1112	ਤੁਖਾਰੀ ਮਹਲਾ ੧॥		Thukhaaree Mehalaa 1 ||	Tukhaari, First Mehl:	
47743	1112	ਏ ਮਨ ਮੇਰਿਆ ਤੂ ਸਮਝੁ ਅਚੇਤ ਇਆਣਿਆ ਰਾਮ॥		Eae Man Maeriaa Thoo Samajh Achaeth Eiaaniaa Raam ||	O my ignorant, unconscious mind, reform yourself.	ਹੇ ਮੇਰੇ ਮਨ! ਹੇ ਮੇਰੇ ਗ਼ਾਫ਼ਿਲ ਮਨ! ਹੇ ਮੇਰੇ ਅੰਞਾਣ ਮਨ! ਤੂੰ ਹੋਸ਼ ਕਰ।

47744	1112	ਏ ਮਨ ਮੇਰਿਆ ਛਡਿ ਅਵਗਣ ਗੁਣੀ ਸਮਾਣਿਆ ਰਾਮ॥		Eae Man Maeriaa Shhadd Avagan Gunee Samaaniaa Raam ||	O my mind, leave behind your faults and demerits, and be absorbed in virtue.	ਹੇ ਮੇਰੇ ਮਨ! ਮੰਦੇ ਕਰਮ ਕਰਨੇ ਛੱਡ ਦੇ, (ਪਰਮਾਤਮਾ ਦੇ) ਗੁਣਾਂ (ਦੀ ਯਾਦ) ਵਿਚ ਲੀਨ ਰਿਹਾ ਕਰ।
47745	1112	ਬਹੁ ਸਾਦ ਲੁਭਾਣੇ ਕਿਰਤ ਕਮਾਣੇ ਵਿਛੁੜਿਆ ਨਹੀ ਮੇਲਾ॥		Bahu Saadh Lubhaanae Kirath Kamaanae Vishhurriaa Nehee Maelaa ||	You are deluded by so many flavors and pleasures, and you act in such confusion. You are separated, and you will not meet your Lord.	ਹੇ ਮੇਰੇ ਮਨ! ਜਿਹੜੇ ਮਨੁੱਖ ਅਨੇਕਾਂ (ਪਦਾਰਥਾਂ ਦੇ) ਸੁਆਦਾਂ ਵਿਚ ਫਸੇ ਰਹਿੰਦੇ ਹਨ, ਉਹ ਆਪਣੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ (ਪਰਮਾਤਮਾ ਤੋਂ ਵਿਛੁੜੇ ਰਹਿੰਦੇ ਹਨ। ਇਹਨਾਂ ਸੰਸਕਾਰਾਂ ਦੇ ਕਾਰਨ ਹੀ) ਉਹਨਾਂ ਵਿਛੁੜੇ ਹੋਇਆਂ ਦਾ (ਆਪਣੇ ਆਪ ਪਰਮਾਤਮਾ ਨਾਲ) ਮਿਲਾਪ ਨਹੀਂ ਹੋ ਸਕਦਾ।
47746	1112	ਕਿਉ ਦੁਤਰੁ ਤਰੀਐ ਜਮ ਡਰਿ ਮਰੀਐ ਜਮ ਕਾ ਪੰਥੁ ਦੁਹੇਲਾ॥	ਦੁੱਤ-ਰੁ	Kio Dhuthar Thareeai Jam Ddar Mareeai Jam Kaa Panthh Dhuhaelaa ||	How can the impassible world-ocean be crossed? The fear of the Messenger of Death is deadly. The path of Death is agonizingly painful.	ਹੇ ਮੇਰੇ ਮਨ! ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘਣਾ ਬਹੁਤ ਔਖਾ ਹੈ, (ਆਪਣੇ ਉੱਦਮ ਨਾਲ) ਪਾਰ ਨਹੀਂ ਲੰਘ ਸਕੀਦਾ। ਜਮਾਂ ਦੇ ਡਰ ਨਾਲ ਸਹਿਮੇ ਰਹੀਦਾ ਹੈ। ਹੇ ਮਨ! ਜਮਾਂ ਵਾਲੇ ਪਾਸੇ ਲੈ ਜਾਣ ਵਾਲਾ ਰਸਤਾ ਬੜਾ ਦੁਖਦਾਈ ਹੈ।

47747	1112	ਮਨਿ ਰਾਮੁ ਨਹੀ ਜਾਤਾ ਸਾਝ ਪ੍ਰਭਾਤਾ ਅਵਘਟਿ ਰੁਧਾ ਕਿਆ ਕਰੇ॥	(ਸਾਂਝ) ਸੰਧਿਆ। (ਪ੍ਰਭਾਤਾ) ਅੰਮ੍ਰਿਤ ਵੇਲੇ। ਰੁੱਧਾ	Man Raam Nehee Jaathaa Saajh Prabhaathaa Avaghatt Rudhhaa Kiaa Karae ||	The mortal does not know the Lord in the evening, or in the morning; trapped on the treacherous path, what will he do then?	ਹੇ ਮੇਰੇ ਮਨ! ਜਿਸ ਮਨੁੱਖ ਨੇ ਆਪਣੇ ਮਨ ਵਿਚ ਸਵੇਰੇ ਸ਼ਾਮ (ਕਿਸੇ ਭੀ ਵੇਲੇ) ਪਰਮਾਤਮਾ ਨਾਲ ਸਾਂਝ ਨਹੀਂ ਪਾਈ, ਉਹ (ਮਾਇਆ ਦੇ ਮੋਹ ਦੇ) ਔਖੇ ਰਾਹ ਵਿਚ ਫਸ ਜਾਂਦਾ ਹੈ (ਇਸ ਵਿਚੋਂ ਨਿਕਲਣ ਲਈ) ਉਹ ਕੁਝ ਭੀ ਨਹੀਂ ਕਰ ਸਕਦਾ।
47748	1112	ਬੰਧਨਿ ਬਾਧਿਆ ਇਨ ਬਿਧਿ ਛੂਟੈ ਗੁਰਮੁਖਿ ਸੇਵੈ ਨਰਹਰੇ॥੧॥		Bandhhan Baadhhiaa Ein Bidhh Shhoottai Guramukh Saevai Nareharae ||1||	Bound in bondage, he is released only by this method: as Gurmukh, serve the Lord. ||1||	(ਪਰ ਹਾਂ, ਮਾਇਆ ਦੇ ਮੋਹ ਦੀ) ਰੱਸੀ ਨਾਲ ਬੱਝਾ ਹੋਇਆ ਉਹ ਇਸ ਤਰੀਕੇ ਨਾਲ ਖ਼ਲਾਸੀ ਪਾ ਸਕਦਾ ਹੈ ਕਿ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਸਿਮਰਨ ਕਰੇ ॥੧॥
47749	1112	ਏ ਮਨ ਮੇਰਿਆ ਤੂ ਛੋਡਿ ਆਲ ਜੰਜਾਲਾ ਰਾਮ॥		Eae Man Maeriaa Thoo Shhodd Aal Janjaalaa Raam ||	O my mind, abandon your household entanglements.	ਹੇ ਮੇਰੇ ਮਨ! ਘਰ ਦੇ ਮੋਹ ਦੀਆਂ ਫਾਹੀਆਂ ਛੱਡ ਦੇ।
47750	1112	ਏ ਮਨ ਮੇਰਿਆ ਹਰਿ ਸੇਵਹੁ ਪੁਰਖੁ ਨਿਰਾਲਾ ਰਾਮ॥		Eae Man Maeriaa Har Saevahu Purakh Niraalaa Raam ||	O my mind, serve the Lord, the Primal, Detached Lord.	ਹੇ ਮੇਰੇ ਮਨ! ਉਸ ਪਰਮਾਤਮਾ ਨੂੰ ਸਿਮਰਦਾ ਰਹੁ, ਜੋ ਸਭਨਾਂ ਵਿਚ ਵਿਆਪਕ ਭੀ ਹੈ ਤੇ ਨਿਰਲੇਪ ਭੀ ਹੈ।

47751	1113	ਹਰਿ ਸਿਮਰਿ ਏਕੰਕਾਰੁ ਸਾਚਾ ਸਭੁ ਜਗਤੁ ਜਿਨਿ ਉਪਾਇਆ॥	ਜੱਗਤੁ	Har Simar Eaekankaar Saachaa Sabh Jagath Jinn Oupaaeiaa ||	Meditate in remembrance on the One Universal Creator; the True Lord created the entire Universe.	ਹੇ ਮੇਰੇ ਮਨ! ਉਸ ਇਕ ਸਰਬ-ਵਿਆਪਕ ਅਤੇ ਸਦਾ-ਥਿਰ ਪਰਮਾਤਮਾ (ਦਾ ਨਾਮ) ਸਿਮਰਦਾ ਰਹੁ, ਜਿਸ ਨੇ ਸਾਰਾ ਜਗਤ ਪੈਦਾ ਕੀਤਾ ਹੈ,
47752	1113	ਪਉਣੁ ਪਾਣੀ ਅਗਨਿ ਬਾਧੇ ਗੁਰਿ ਖੇਲੁ ਜਗਤਿ ਦਿਖਾਇਆ॥	ਜੱਗ-ਤਿ	Poun Paanee Agan Baadhhae Gur Khael Jagath Dhikhaaeiaa ||	The Guru controls the air, water and fire; He has staged the drama of the world.	ਅਤੇ ਹਵਾ ਪਾਣੀ ਅੱਗ (ਆਦਿਕ ਤੱਤਾਂ) ਨੂੰ (ਮਰਯਾਦਾ ਵਿਚ) ਬੰਨ੍ਹਿਆ ਹੋਇਆ ਹੈ। ਹੇ ਮੇਰੇ ਮਨ! (ਉਹੀ ਮਨੁੱਖ ਨਾਮ ਸਿਮਰਦਾ ਹੈ ਜਿਸ ਨੂੰ) ਗੁਰੂ ਨੇ ਜਗਤ ਵਿਚ (ਪਰਮਾਤਮਾ ਦਾ ਇਹ) ਤਮਾਸ਼ਾ ਵਿਖਾ ਦਿੱਤਾ ਹੈ (ਅਤੇ ਨਾਮ ਵਿਚ ਜੋੜਿਆ ਹੈ)।
47753	1113	ਆਚਾਰਿ ਤੂ ਵੀਚਾਰਿ ਆਪੇ ਹਰਿ ਨਾਮੁ ਸੰਜਮ ਜਪ ਤਪੋ॥		Aachaar Thoo Veechaar Aapae Har Naam Sanjam Jap Thapo ||	Reflect on your own self, and so practice good conduct; chant the Name of the Lord as your self-discipline and meditation.	ਹੇ ਮੇਰੇ ਮਨ! ਨਾਮ ਜਪਿਆਂ ਹੀ ਤੂੰ ਧਾਰਮਿਕ ਮਰਯਾਦਾ ਵਿਚ ਤੁਰਨ ਵਾਲਾ ਹੈਂ, ਨਾਮ ਜਪਿਆਂ ਹੀ ਤੂੰ ਉੱਚੀ ਆਤਮਕ ਜੀਵਨ ਦੀ ਵਿਚਾਰ ਦਾ ਮਾਲਕ ਹੈਂ। ਪਰਮਾਤਮਾ ਦਾ ਨਾਮ ਹੀ ਹੈ ਅਨੇਕਾਂ ਸੰਜਮ ਅਨੇਕਾਂ ਜਪ ਅਤੇ ਅਨੇਕਾਂ ਤਪ।

47754	1113	ਸਖਾ ਸੈਨੁ ਪਿਆਰੁ ਪ੍ਰੀਤਮੁ ਨਾਮੁ ਹਰਿ ਕਾ ਜਪੁ ਜਪੋ॥੨॥		Sakhaa Sain Piaar Preetham Naam Har Kaa Jap Japo ||2||	The Name of the Lord is your Companion, Friend and Dear Beloved; chant it, and meditate on it. ||2||	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਸਦਾ ਜਪਦਾ ਰਹੁ ਜਪਦਾ ਰਹੁ, ਇਹੀ ਹੈ ਮਿੱਤਰ ਇਹੀ ਹੈ ਸੱਜਣ ਇਹੀ ਹੈ ਪਿਆਰਾ ਪ੍ਰੀਤਮ॥੨॥
47755	1113	ਏ ਮਨ ਮੇਰਿਆ ਤੂ ਥਿਰੁ ਰਹੁ ਚੋਟ ਨ ਖਾਵਹੀ ਰਾਮ॥		Eae Man Maeriaa Thoo Thhir Rahu Chott N Khaavehee Raam ||	O my mind, remain steady and stable, and you will not have to endure beatings.	ਹੇ ਮੇਰੇ ਮਨ! ਤੂੰ (ਪਰਮਾਤਮਾ ਦੇ ਚਰਨਾਂ ਵਿਚ) ਅਡੋਲ ਟਿਕਿਆ ਰਿਹਾ ਕਰ, (ਇਸ ਤਰ੍ਹਾਂ) ਤੂੰ (ਵਿਕਾਰਾਂ ਦੀ) ਸੱਟ ਨਹੀਂ ਖਾਹਿੰਗਾ।
47756	1113	ਏ ਮਨ ਮੇਰਿਆ ਗੁਣ ਗਾਵਹਿ ਸਹਜਿ ਸਮਾਵਹੀ ਰਾਮ॥		Eae Man Maeriaa Gun Gaavehi Sehaj Samaavehee Raam ||	O my mind, singing the Glorious Praises of the Lord, you shall merge into Him with intuitive ease.	ਹੇ ਮੇਰੇ ਮਨ! (ਜੇ ਤੂੰ ਪਰਮਾਤਮਾ ਦੇ) ਗੁਣ ਗਾਂਦਾ ਰਹੇਂ, ਤਾਂ ਤੂੰ ਆਤਮਕ ਅਡੋਲਤਾ ਵਿਚ ਲੀਨ ਰਹੇਂਗਾ।
47757	1113	ਗੁਣ ਗਾਇ ਰਾਮ ਰਸਾਇ ਰਸੀਅਹਿ ਗੁਰ ਗਿਆਨ ਅੰਜਨੁ ਸਾਰਹੇ॥	ਰਸੀ-ਅਹਿ,ਸਾਰ-ਹੇ	Gun Gaae Raam Rasaae Raseeahi Gur Giaan Anjan Saarehae ||	Singing the Glorious Praises of the Lord, be happy. Apply the ointment of spiritual wisdom to your eyes.	ਹੇ ਮਨ! ਪ੍ਰੇਮ ਨਾਲ ਪਰਮਾਤਮਾ ਦੇ ਗੁਣ ਗਾਇਆਂ (ਗੁਣ) ਤੇਰੇ ਅੰਦਰ ਰਸ ਜਾਣਗੇ। (ਹੇ ਮੇਰੇ ਮਨ!) ਜੇ ਤੂੰ ਗੁਰੂ ਦੀ ਬਖ਼ਸ਼ੀ ਹੋਈ ਆਤਮਕ ਜੀਵਨ ਦੀ ਸੂਝ ਦਾ ਸੁਰਮਾ (ਆਪਣੀਆਂ ਆਤਮਕ ਅੱਖਾਂ ਵਿਚ) ਪਾ ਲਏਂ,

47758	1113	ਤ੍ਰै ਲੋਕ ਦੀਪਕੁ ਸਬਦਿ ਚਾਨਣੁ ਪੰਚ ਦੂਤ ਸੰਘਾਰਹੇ॥	ਸੰਘਾਰ-ਹੇ	Thrai Lok Dheepak Sabadh Chaanan Panch Dhooth Sanghaarehae ||	The Word of the Shabad is the lamp which illuminates the three worlds; it slaughters the five demons.	ਤਾਂ ਸਾਰੇ ਜਗਤ ਨੂੰ ਚਾਨਣ ਦੇਣ ਵਾਲਾ ਦੀਵਾ (-ਪ੍ਰਭੂ ਤੇਰੇ ਅੰਦਰ ਜਗ ਪਏਗਾ), ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਤੇਰੇ ਅੰਦਰ ਆਤਮਕ ਜੀਵਨ ਦੀ ਸੂਝ ਦਾ) ਚਾਨਣ (ਹੋ ਜਾਇਗਾ)। ਤੂੰ (ਕਾਮਾਦਿਕ) ਪੰਜ ਵੈਰੀਆਂ ਨੂੰ (ਆਪਣੇ ਅੰਦਰੋਂ) ਮਾਰ ਲਏਂਗਾ।
47759	1113	ਭੈ ਕਾਟਿ ਨਿਰਭਉ ਤਰਹਿ ਦੁਤਰੁ ਗੁਰਿ ਮਿਲਿਐ ਕਾਰਜ ਸਾਰਏ॥	ਦੁੱਤ-ਰੁ। ਸਾ-ਰਏ	Bhai Kaatt Nirabho Tharehi Dhuthar Gur Miliai Kaaraj Saareae ||	Quieting your fears, become fearless, and you shall cross over the impassible world ocean. Meeting the Guru, your affairs shall be resolved.	ਹੇ ਮੇਰੇ ਮਨ! (ਜੇ ਤੂੰ ਪਰਮਾਤਮਾ ਦੇ ਗੁਣ ਗਾਂਦਾ ਰਹੇਂਗਾ, ਤਾਂ ਆਪਣੇ ਅੰਦਰੋਂ ਦੁਨੀਆ ਦੇ ਸਾਰੇ) ਡਰ ਕੱਟ ਕੇ ਨਿਰਭਉ ਹੋ ਜਾਹਿਂਗਾ, ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਹਿਂਗਾ ਜਿਸ ਤੋਂ ਪਾਰ ਲੰਘਣਾ ਔਖਾ ਹੈ। ਹੇ ਮਨ! ਜੇ ਗੁਰੂ ਮਿਲ ਪਏ ਤਾਂ ਪਰਮਾਤਮਾ ਜੀਵ ਦੇ ਸਾਰੇ ਕੰਮ ਸੰਵਾਰ ਦੇਂਦਾ ਹੈ।
47760	1113	ਰੂਪੁ ਰੰਗੁ ਪਿਆਰੁ ਹਰਿ ਸਿਉ ਹਰਿ ਆਪਿ ਕਿਰਪਾ ਧਾਰਏ॥੩॥	ਧਾ-ਰਏ	Roop Rang Piaar Har Sio Har Aap Kirapaa Dhhaareae ||3||	You shall find the joy and the beauty of the Lord's Love and Affection; the Lord Himself shall shower you with His Grace. ||3||	ਹੇ ਮਨ! ਜਿਸ ਮਨੁੱਖ ਉੱਤੇ ਪਰਮਾਤਮਾ ਆਪ ਕਿਰਪਾ ਕਰਦਾ ਹੈ ਉਸ ਦਾ (ਸੋਹਣਾ ਆਤਮਕ) ਰੂਪ ਹੋ ਜਾਂਦਾ ਹੈ (ਸੋਹਣਾ ਆਤਮਕ) ਰੰਗ ਹੋ ਜਾਂਦਾ ਹੈ, ਪਰਮਾਤਮਾ ਨਾਲ ਉਸ ਦਾ ਪਿਆਰ ਬਣ ਜਾਂਦਾ ਹੈ ॥੩॥

47761	1113	ਏ ਮਨ ਮੇਰਿਆ ਤੂ ਕਿਆ ਲੈ ਆਇਆ ਕਿਆ ਲੈ ਜਾਇਸੀ ਰਾਮ॥		Eae Man Maeriaa Thoo Kiaa Lai Aaeiaa Kiaa Lai Jaaeisee Raam ||	O my mind, why did you come into the world? What will you take with you when you go?	ਹੇ ਮੇਰੇ ਮਨ! ਨਾਹ ਤੂੰ (ਜਨਮ ਸਮੇ) ਆਪਣੇ ਨਾਲ ਕੁਝ ਲੈ ਕੇ ਆਇਆ ਸੀ, ਨਾਹ ਤੂੰ (ਇਥੋਂ ਤੁਰਨ ਵੇਲੇ) ਆਪਣੇ ਨਾਲ ਕੁਝ ਲੈ ਕੇ ਜਾਹਿਂਗਾ (ਵਿਅਰਥ ਹੀ ਮਾਇਆ ਦੇ ਮੋਹ ਦੀਆਂ ਫਾਹੀਆਂ ਵਿਚ ਫਸ ਰਿਹਾ ਹੈਂ)।
47762	1113	ਏ ਮਨ ਮੇਰਿਆ ਤਾ ਛੁਟਸੀ ਜਾ ਭਰਮੁ ਚੁਕਾਇਸੀ ਰਾਮ॥	ਛੁੱਟਸੀ	Eae Man Maeriaa Thaa Shhuttasee Jaa Bharam Chukaaeisee Raam ||	O my mind, you shall be emancipated, when you eliminate your doubts.	ਹੇ ਮਨ! (ਮਾਇਆ ਦੇ ਮੋਹ ਦੀਆਂ ਫਾਹੀਆਂ ਵਿਚੋਂ) ਤਦੋਂ ਤੇਰੀ ਖ਼ਲਾਸੀ ਹੋਵੇਗੀ, ਜਦੋਂ ਤੂੰ (ਮਾਇਆ ਦੀ ਖ਼ਾਤਰ) ਭਟਕਣਾ ਛੱਡ ਦੇਵੇਂਗਾ।
47763	1113	ਧਨੁ ਸੰਚਿ ਹਰਿ ਹਰਿ ਨਾਮ ਵਖਰੁ ਗੁਰ ਸਬਦਿ ਭਾਉ ਪਛਾਣਹੇ॥		Dhhan Sanch Har Har Naam Vakhar Gur Sabadh Bhaao Pashhaanehae ||	So gather the wealth and capital of the Name of the Lord, Har, Har; through the Word of the Guru's Shabad, you shall realize its value.	ਹੇ ਮੇਰੇ ਮਨ! ਪਰਮਾਤਮਾ ਦੇ ਨਾਮ ਦਾ ਧਨ ਇਕੱਠਾ ਕਰਿਆ ਕਰ, ਨਾਮ ਦਾ ਸੌਦਾ (ਵਿਹਾੜਿਆ ਕਰ)। ਹੇ ਮਨ! ਜੇ ਤੂੰ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰ ਪ੍ਰਭੂ ਦਾ) ਪਿਆਰ ਪਛਾਣ ਲਏਂ,
47764	1113	ਮੈਲੁ ਪਰਹਰਿ ਸਬਦਿ ਨਿਰਮਲੁ ਮਹਲੁ ਘਰੁ ਸਚੁ ਜਾਣਹੇ॥		Mail Parehar Sabadh Niramal Mehal Ghar Sach Jaanehae ||	Filth shall be taken away, through the Immaculate Word of the Shabad; you shall know the Mansion of the Lord's Presence, your true home.	ਤਾਂ ਸ਼ਬਦ ਦੀ ਬਰਕਤਿ ਨਾਲ (ਵਿਕਾਰਾਂ ਦੀ) ਮੈਲ ਦੂਰ ਕਰ ਕੇ ਤੂੰ ਪਵਿੱਤਰ ਹੋ ਜਾਹਿਂਗਾ। ਤੂੰ ਸਦਾ ਕਾਇਮ ਰਹਿਣ ਵਾਲਾ ਘਰ-ਮਹਲ ਲੱਭ ਲਏਂਗਾ।

47765	1113	ਪਤਿ ਨਾਮੁ ਪਾਵਹਿ ਘਰਿ ਸਿਧਾਵਹਿ ਝੋਲਿ ਅੰਮ੍ਰਿਤ ਪੀ ਰਸੋ॥		Path Naam Paavehi Ghar Sidhhaavehi Jhol Anmrith Pee Raso ||	Through the Naam, you shall obtain honor, and come home. Eagerly drink in the Ambrosial Amrit.	ਹੇ ਮੇਰੇ ਮਨ! ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪ੍ਰੇਮ ਨਾਲ ਪੀਆ ਕਰ, ਤੂੰ (ਲੋਕ ਪਰਲੋਕ ਦੀ) ਇੱਜ਼ਤ (ਲੋਕ ਪਰਲੋਕ ਦਾ) ਨਾਮਣਾ ਖੱਟ ਲਏਂਗਾ, ਪ੍ਰਭੂ ਦੀ ਹਜ਼ੂਰੀ ਵਿਚ ਪਹੁੰਚ ਜਾਹਿਂਗਾ।
47766	1113	ਹਰਿ ਨਾਮੁ ਧਿਆਈਐ ਸਬਦਿ ਰਸੁ ਪਾਈਐ ਵਡਭਾਗਿ ਜਪੀਐ ਹਰਿ ਜਸੋ॥੪॥		Har Naam Dhhiaaeeai Sabadh Ras Paaeeai Vaddabhaag Japeeai Har Jaso ||4||	Meditate on the Lord's Name, and you shall obtain the sublime essence of the Shabad; by great good fortune, chant the Praises of the Lord. ||4||	ਹੇ ਮਨ! (ਸਦਾ) ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ, (ਨਾਮ ਦਾ) ਸੁਆਦ ਗੁਰੂ ਦੇ ਸ਼ਬਦ ਦੀ ਰਾਹੀਂ (ਹੀ) ਪ੍ਰਾਪਤ ਹੋ ਸਕਦਾ ਹੈ। ਹੇ ਮਨ! ਵੱਡੀ ਕਿਸਮਤ ਨਾਲ (ਹੀ) ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ ਜਾ ਸਕਦੀ ਹੈ ॥੪॥
47767	1113	ਏ ਮਨ ਮੇਰਿਆ ਬਿਨੁ ਪਉੜੀਆ ਮੰਦਰਿ ਕਿਉ ਚੜੈ ਰਾਮ॥	ਚੜ੍ਹੈ	Eae Man Maeriaa Bin Pourreeaa Mandhar Kio Charrai Raam ||	O my mind, without a ladder, how will you climb up to the Temple of the Lord?	ਹੇ ਮੇਰੇ ਮਨ! (ਜਿਵੇਂ) ਪੌੜੀਆਂ ਤੋਂ ਬਿਨਾ (ਕੋਈ ਭੀ ਮਨੁੱਖ) ਕੋਠੇ (ਦੀ ਛੱਤ) ਉਤੇ ਨਹੀਂ ਚੜ੍ਹ ਸਕਦਾ (ਤਿਵੇਂ ਉੱਚੇ ਆਤਮਕ ਟਿਕਾਣੇ ਤੇ ਵੱਸਦੇ ਪਰਮਾਤਮਾ ਤਕ ਸਿਮਰਨ ਦੀ ਪੌੜੀ ਤੋਂ ਬਿਨਾ ਪਹੁੰਚ ਨਹੀਂ ਹੋ ਸਕਦੀ)।
47768	1113	ਏ ਮਨ ਮੇਰਿਆ ਬਿਨੁ ਬੇੜੀ ਪਾਰਿ ਨ ਅੰਬੜੈ ਰਾਮ॥		Eae Man Maeriaa Bin Baerree Paar N Anbarrai Raam ||	O my mind, without a boat, you shall not reach the other shore.	ਹੇ ਮੇਰੇ ਮਨ! ਬੇੜੀ ਤੋਂ ਬਿਨਾ ਮਨੁੱਖ ਨਦੀ ਦੇ ਪਾਰਲੇ ਪਾਸੇ ਨਹੀਂ ਅੱਪੜ ਸਕਦਾ।

47769	1113	ਪਾਰਿ ਸਾਜਨੁ ਅਪਾਰੁ ਪ੍ਰੀਤਮੁ ਗੁਰ ਸਬਦ ਸੁਰਤਿ ਲੰਘਾਵਏ॥	ਲੰਘਾ-ਵਏ	Paar Saajan Apaar Preetham Gur Sabadh Surath Langhaaveae ||	On that far shore is Your Beloved, Infinite Friend. Only your awareness of the Guru's Shabad will carry you across.	ਹੇ ਮਨ! ਸੱਜਣ ਪ੍ਰਭੂ! ਬੇਅੰਤ ਪ੍ਰਭੂ, ਪ੍ਰੀਤਮ ਪ੍ਰਭੂ (ਵਿਕਾਰਾਂ ਦੀਆਂ ਲਹਿਰਾਂ ਨਾਲ ਭਰਪੂਰ ਸੰਸਾਰ-ਸਮੁੰਦਰ ਦੇ) ਪਾਰਲੇ ਪਾਸੇ (ਵੱਸਦਾ ਹੈ)। ਗੁਰੂ ਦੇ ਸ਼ਬਦ ਦੀ ਸੂਝ (ਹੀ ਇਸ ਸਮੁੰਦਰ ਦੇ ਪਾਰਲੇ ਪਾਸੇ) ਲੰਘਾ ਸਕਦੀ ਹੈ।
47770	1113	ਮਿਲਿ ਸਾਧਸੰਗਤਿ ਕਰਹਿ ਰਲੀਆ ਫਿਰਿ ਨ ਪਛੋਤਾਵਏ॥	ਪਛੋਤਾ-ਵਏ	Mil Saadhhasangath Karehi Raleeaa Fir N Pashhothaaveae ||	Join the Saadh Sangat, the Company of the Holy, and you shall enjoy ecstasy; you shall not regret or repent later on.	ਹੇ ਮਨ! ਜੇ ਤੂੰ ਸਾਧ ਸੰਗਤ ਵਿਚ ਮਿਲ ਕੇ ਆਤਮਕ ਆਨੰਦ ਮਾਣਦਾ ਰਹੇਂ (ਤਾਂ ਤੂੰ ਭੀ ਇਸ ਸੰਸਾਰ-ਸਮੁੰਦਰ ਦੇ ਪਾਰਲੇ ਪਾਸੇ ਪਹੁੰਚ ਜਾਏਂ। ਜਿਹੜਾ ਭੀ ਮਨੁੱਖ ਸਾਧ ਸੰਗਤ ਵਿਚ ਮਿਲ ਕੇ ਨਾਮ ਜਪਦਾ ਹੈ, ਉਸ ਨੂੰ) ਮੁੜ ਪਛੁਤਾਣਾ ਨਹੀਂ ਪੈਂਦਾ (ਕਿਉਂਕਿ ਉਸ ਨੂੰ ਸੰਸਾਰ-ਸਮੁੰਦਰ ਦੀਆਂ ਵਿਕਾਰ-ਠਿੱਲ੍ਹਾਂ ਦੁੱਖ ਨਹੀਂ ਦੇ ਸਕਦੀਆਂ)।
47771	1113	ਕਰਿ ਦਇਆ ਦਾਨੁ ਦਇਆਲ ਸਾਚਾ ਹਰਿ ਨਾਮ ਸੰਗਤਿ ਪਾਵਉ॥	ਪਾਵ-ਉ	Kar Dhaeiaa Dhaan Dhaeiaal Saachaa Har Naam Sangath Paavou ||	Be Merciful, O Merciful True Lord God: please give me the Blessing of the Lord's Name, and the Sangat, the Company of the Holy.	ਹੇ ਦਇਆਲ ਪ੍ਰਭੂ! (ਮੇਰੇ ਉਤੇ) ਦਇਆ ਕਰ, ਮੈਨੂੰ ਆਪਣੇ ਸਦਾ-ਥਿਰ ਨਾਮ ਦਾ ਦਾਨ ਦੇਹ, ਮੈਂ ਤੇਰੇ ਨਾਮ ਦੀ ਸੰਗਤ ਹਾਸਲ ਕਰੀ ਰੱਖਾਂ।

47772	1113	ਨਾਨਕੁ ਪਇਅੰਪੈ ਸੁਣਹੁ ਪ੍ਰੀਤਮ ਗੁਰ ਸਬਦਿ ਮਨੁ ਸਮਝਾਵਉ॥੫॥੬॥	ਪਇ-ਅੰਪੈ,ਸਮਝਾਵ-ਓ	Naanak Paeianpai Sunahu Preetham Gur Sabadh Man Samajhaavou ||5||6||	Nanak prays: please hear me, O my Beloved; instruct my mind through the Word of the Guru's Shabad. ||5||6||	ਨਾਨਕ ਬੇਨਤੀ ਕਰਦਾ ਹੈ- ਹੇ ਪ੍ਰੀਤਮ! (ਮੇਰੀ ਬੇਨਤੀ) ਸੁਣ (ਮਿਹਰ ਕਰ) ਮੈਂ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਮਨ ਨੂੰ (ਆਤਮਕ ਜੀਵਨ ਦੀ) ਸੂਝ ਦੇਂਦਾ ਰਹਾਂ ॥੫॥੬॥
47773	1113	ਤੁਖਾਰੀ ਛੰਤ ਮਹਲਾ ੪		Thukhaaree Shhanth Mehalaa 4	Tukhaari Chhant, Fourth Mehl:	ਰਾਗ ਤੁਖਾਰੀ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਛੰਤ'।
47774	1113	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
47775	1113	ਅੰਤਰਿ ਪਿਰੀ ਪਿਆਰੁ ਕਿਉ ਪਿਰ ਬਿਨੁ ਜੀਵੀਐ ਰਾਮ॥		Anthar Piree Piaar Kio Pir Bin Jeeveeai Raam ||	My inner being is filled with love for my Beloved Husband Lord. How can I live without Him?	(ਹੇ ਸਖੀਏ!) ਮੇਰੇ ਹਿਰਦੇ ਵਿਚ ਪ੍ਰਭੂ-ਪਤੀ ਦਾ ਪਿਆਰ ਵੱਸ ਰਿਹਾ ਹੈ। ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ ਆਤਮਕ ਜੀਵਨ (ਕਦੇ) ਨਹੀਂ ਮਿਲ ਸਕਦਾ।
47776	1113	ਜਬ ਲਗੁ ਦਰਸੁ ਨ ਹੋਇ ਕਿਉ ਅੰਮ੍ਰਿਤੁ ਪੀਵੀਐ ਰਾਮ॥		Jab Lag Dharas N Hoe Kio Anmrith Peeveeai Raam ||	As long as I do not have the Blessed Vision of His Darshan, how can I drink in the Ambrosial Nectar?	(ਹੇ ਸਖੀ!) ਜਦੋਂ ਤਕ ਪ੍ਰਭੂ-ਪਤੀ ਦਾ ਦਰਸ਼ਨ ਨਹੀਂ ਹੁੰਦਾ, (ਤਦ ਤਕ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਤਾ ਨਹੀਂ ਜਾ ਸਕਦਾ।

47777	1113	ਕਿਉ ਅੰਮ੍ਰਿਤੁ ਪੀਵੀਐ ਹਰਿ ਬਿਨੁ ਜੀਵੀਐ ਤਿਸੁ ਬਿਨੁ ਰਹਨੁ ਨ ਜਾਏ॥		Kio Anmrith Peeveeai Har Bin Jeeveeai This Bin Rehan N Jaaeae ||	How can I drink in the Ambrosial Nectar without the Lord? I cannot survive without Him.	(ਹੇ ਸਖੀ! ਪ੍ਰਭੂ-ਪਤੀ ਦੇ ਦਰਸਨ ਤੋਂ ਬਿਨਾ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਕਦੇ ਭੀ) ਪੀਤਾ ਨਹੀਂ ਜਾ ਸਕਦਾ, ਪ੍ਰਭੂ-ਪਤੀ ਦੀ ਯਾਦ ਤੋਂ ਬਿਨਾ ਆਤਮਕ ਜੀਵਨ ਨਹੀਂ ਮਿਲ ਸਕਦਾ, ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ ਆਤਮਕ ਸ਼ਾਂਤੀ ਨਹੀਂ ਮਿਲ ਸਕਦੀ।
47778	1113	ਅਨਦਿਨੁ ਪ੍ਰਿਉ ਪ੍ਰਿਉ ਕਰੇ ਦਿਨੁ ਰਾਤੀ ਪਿਰ ਬਿਨੁ ਪਿਆਸ ਨ ਜਾਏ॥		Anadhin Prio Prio Karae Dhin Raathee Pir Bin Piaas N Jaaeae ||	Night and day, I cry out, ""Pri-o! Pri-o! Beloved! Beloved!"", day and night. Without my Husband Lord, my thirst is not quenched.	(ਹੇ ਸਖੀ! ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਪ੍ਰਭੂ-ਪਤੀ ਦਾ ਪਿਆਰ ਵੱਸਦਾ ਹੈ, ਉਹ) ਹਰ ਵੇਲੇ ਦਿਨ ਰਾਤ ਪ੍ਰਭੂ-ਪਤੀ ਨੂੰ ਮੁੜ ਮੁੜ ਯਾਦ ਕਰਦੀ ਰਹਿੰਦੀ ਹੈ। (ਹੇ ਸਖੀ!) ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ (ਮਾਇਆ ਦੀ) ਤ੍ਰਿਸ਼ਨਾ ਦੂਰ ਨਹੀਂ ਹੁੰਦੀ (ਜਿਵੇਂ ਸ੍ਵਾਂਤੀ ਨਛੱਤ੍ਰ ਦੀ ਵਰਖਾ-ਬੂੰਦ ਤੋਂ ਬਿਨਾ ਪਪੀਹੇ ਦੀ ਪਿਆਸ ਨਹੀਂ ਮਿਟਦੀ)।
47779	1113	ਅਪਣੀ ਕ੍ਰਿਪਾ ਕਰਹੁ ਹਰਿ ਪਿਆਰੇ ਹਰਿ ਹਰਿ ਨਾਮੁ ਸਦ ਸਾਰਿਆ॥		Apanee Kirapaa Karahu Har Piaarae Har Har Naam Sadh Saariaa ||	Please, bless me with Your Grace, O my Beloved Lord, that I may dwell on the Name of the Lord, Har, Har, forever.	ਹੇ ਪਿਆਰੇ ਹਰੀ! (ਜਿਸ ਜੀਵ ਉੱਤੇ) ਤੂੰ ਆਪਣੀ ਮਿਹਰ ਕਰਦਾ ਹੈਂ, ਉਹ ਹਰ ਵੇਲੇ ਹਰਿ-ਨਾਮ ਨੂੰ (ਆਪਣੇ ਹਿਰਦੇ ਵਿਚ) ਵਸਾਈ ਰੱਖਦਾ ਹੈ।

47780	1113	ਗੁਰ ਕੈ ਸਬਦਿ ਮਿਲਿਆ ਮੈ ਪ੍ਰੀਤਮੁ ਹਉ ਸਤਿਗੁਰ ਵਿਟਹੁ ਵਾਰਿਆ॥੧॥		Gur Kai Sabadh Miliaa Mai Preetham Ho Sathigur Vittahu Vaariaa ||1||	Through the Word of the Guru's Shabad, I have met my Beloved; I am a sacrifice to the True Guru. ||1||	ਮੈਂ (ਆਪਣੇ) ਗੁਰੂ ਤੋਂ ਸਦਾ ਸਦਕੇ ਹਾਂ, (ਕਿਉਂਕਿ) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮੈਨੂੰ (ਭੀ) ਪ੍ਰਭੂ-ਪ੍ਰੀਤਮ ਮਿਲ ਪਿਆ ਹੈ ॥੧॥
47781	1113	ਜਬ ਦੇਖਾਂ ਪਿਰੁ ਪਿਆਰਾ ਹਰਿ ਗੁਣ ਰਸਿ ਰਵਾ ਰਾਮ॥		Jab Dhaekhaan Pir Piaaraa Har Gun Ras Ravaa Raam ||	When I see my Beloved Husband Lord, I chant the Lord's Glorious Praises with love.	ਹੇ ਸਖੀ! ਜਦੋਂ ਮੈਂ ਪਿਆਰੇ ਪ੍ਰਭੂ-ਪਤੀ ਦਾ ਦਰਸਨ ਕਰਦੀ ਹਾਂ, ਤਦੋਂ ਮੈਂ ਬੜੇ ਸੁਆਦ ਨਾਲ ਉਸ ਹਰੀ ਦੇ ਗੁਣ ਯਾਦ ਕਰਦੀ ਹਾਂ,
47782	1114	ਮੇਰੈ ਅੰਤਰਿ ਹੋਇ ਵਿਗਾਸੁ ਪ੍ਰਿਉ ਪ੍ਰਿਉ ਸਚੁ ਨਿਤ ਚਵਾ ਰਾਮ॥		Maerai Anthar Hoe Vigaas Prio Prio Sach Nith Chavaa Raam ||	My inner being blossoms forth; I continually utter, ""Pri-o! Pri-o! Beloved! Beloved!""	ਮੇਰੇ ਹਿਰਦੇ ਵਿਚ ਖਿੜਾਉ ਪੈਦਾ ਹੋ ਜਾਂਦਾ ਹੈ। (ਤਾਹੀਏਂ, ਹੇ ਸਖੀ!) ਉਸ ਸਦਾ ਕਾਇਮ ਰਹਿਣ ਵਾਲੇ ਪਿਆਰੇ ਪ੍ਰਭੂ ਦਾ ਨਾਮ ਮੈਂ ਸਦਾ ਉਚਾਰਦੀ ਰਹਿੰਦੀ ਹਾਂ।
47783	1114	ਪ੍ਰਿਉ ਚਵਾ ਪਿਆਰੇ ਸਬਦਿ ਨਿਸਤਾਰੇ ਬਿਨੁ ਦੇਖੇ ਤ੍ਰਿਪਤਿ ਨ ਆਵਏ॥	ਚਵਾਂ	Prio Chavaa Piaarae Sabadh Nisathaarae Bin Dhaekhae Thripath N Aaveae ||	I speak of my Dear Beloved, and through the Shabad, I am saved. Unless I can see Him, I am not satisfied.	ਹੇ ਸਖੀ! ਮੈਂ ਪਿਆਰੇ ਪ੍ਰੀਤਮ ਦਾ ਨਾਮ (ਸਦਾ) ਉਚਾਰਦੀ ਹਾਂ। ਉਹ ਪ੍ਰੀਤਮ-ਪ੍ਰਭੂ ਗੁਰੂ ਦੇ ਸ਼ਬਦ ਦੀ ਰਾਹੀਂ (ਜੀਵ-ਇਸਤ੍ਰੀ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ। (ਹੇ ਸਖੀ! ਉਸ ਪ੍ਰੀਤਮ ਦਾ) ਦਰਸਨ ਕਰਨ ਤੋਂ ਬਿਨਾ (ਮਾਇਆ ਵਲੋਂ) ਤ੍ਰਿਪਤੀ ਨਹੀਂ ਹੁੰਦੀ।

47784	1114	ਸਬਦਿ ਸੀਗਾਰੁ ਹੋਵੈ ਨਿਤ ਕਾਮਣਿ ਹਰਿ ਹਰਿ ਨਾਮੁ ਧਿਆਵਏ॥	ਧਿਆਵ–ਏ	Sabadh Seegaar Hovai Nith Kaaman Har Har Naam Dhhiaaveae ||	That soul-bride who is ever adorned with the Shabad, meditates on the Name of the Lord, Har, Har.	ਹੇ ਸਖੀ! ਗੁਰੂ ਦੇ ਸ਼ਬਦ ਦੀ ਰਾਹੀਂ ਜਿਸ ਜੀਵ-ਇਸਤ੍ਰੀ ਦਾ (ਆਤਮਕ) ਸਿੰਗਾਰ ਬਣਿਆ ਰਹਿੰਦਾ ਹੈ (ਭਾਵ, ਜਿਸ ਦਾ ਹਿਰਦਾ ਪਵਿੱਤਰ ਹੋ ਜਾਂਦਾ ਹੈ) ਉਹ ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਦੀ ਰਹਿੰਦੀ ਹੈ।
47785	1114	ਦਇਆ ਦਾਨੁ ਮੰਗਤ ਜਨ ਦੀਜੈ ਮੈ ਪ੍ਰੀਤਮੁ ਦੇਹੁ ਮਿਲਾਏ॥		Dhaeiaa Dhaan Mangath Jan Dheejai Mai Preetham Dhaehu Milaaeae ||	Please bless this beggar, Your humble servant, with the Gift of Mercy; please unite me with my Beloved.	(ਮੈਂ ਗੁਰੂ ਦੇ ਦਰ ਤੇ ਨਿੱਤ ਅਰਦਾਸ ਕਰਦਾ ਹਾਂ-ਹੇ ਗੁਰੂ!) ਦਇਆ ਕਰ, ਮੈਨੂੰ ਆਪਣੇ ਮੰਗਤੇ ਦਾਸ ਨੂੰ ਇਹ ਦਾਨ ਦੇਹ ਕਿ ਮੈਨੂੰ ਪ੍ਰੀਤਮ-ਪ੍ਰਭੂ ਮਿਲਾ ਦੇਹ।
47786	1114	ਅਨ ਦਿਨੁ ਗੁਰੁ ਗੋਪਾਲੁ ਧਿਆਈ ਹਮ ਸਤਿਗੁਰ ਵਿਟਹੁ ਘੁਮਾਏ॥੨॥		Anadhin Gur Gopaal Dhhiaaee Ham Sathigur Vittahu Ghumaaeae ||2||	Night and day, I meditate on the Guru, the Lord of the World; I am a sacrifice to the True Guru. ||2||	ਮੈਂ ਹਰ ਵੇਲੇ ਪ੍ਰਭੂ ਦੇ ਰੂਪ ਗੁਰੂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹਾਂ ਅਤੇ ਆਪਣੇ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ ॥੨॥
47787	1114	ਹਮ ਪਾਥਰ ਗੁਰੁ ਨਾਵ ਬਿਖੁ ਭਵਜਲੁ ਤਾਰੀਐ ਰਾਮ॥		Ham Paathhar Gur Naav Bikh Bhavajal Thaareeai Raam ||	I am a stone in the Boat of the Guru. Please carry me across the terrifying ocean of poison.	ਹੇ ਪ੍ਰਭੂ! ਅਸੀਂ ਜੀਵ (ਪਾਪਾਂ ਨਾਲ ਭਾਰੇ ਹੋ ਚੁਕੇ) ਪੱਥਰ ਹਾਂ, ਗੁਰੂ ਬੇੜੀ ਹੈ। (ਸਾਨੂੰ ਜੀਵਾਂ ਨੂੰ ਗੁਰੂ ਦੀ ਸਰਨ ਪਾ ਕੇ) ਆਤਮਕ ਮੌਤ ਲਿਆਉਣ ਵਾਲੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈ।

47788	1114	ਗੁਰ ਦੇਵਹੁ ਸਬਦੁ ਸੁਭਾਇ ਮੈ ਮੂੜ ਨਿਸਤਾਰੀਐ ਰਾਮ॥		Gur Dhaevahu Sabadh Subhaae Mai Moorr Nisathaareeai Raam ||	O Guru, please, lovingly bless me with the Word of the Shabad. I am such a fool - please save me!	ਹੇ ਪ੍ਰਭੂ! ਆਪਣੇ ਪਿਆਰੇ ਵਿਚ (ਜੋੜ ਕੇ) ਗੁਰੂ ਦਾ ਸ਼ਬਦ ਦੇਹ, ਅਤੇ ਮੈਨੂੰ ਮੂਰਖ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈ।
47789	1114	ਹਮ ਮੂੜ ਮੁਗਧ ਕਿਛੁ ਮਿਤਿ ਨਹੀ ਪਾਈ ਤੂ ਅਗੰਮੁ ਵਡ ਜਾਣਿਆ॥		Ham Moorr Mugadhh Kishh Mith Nehee Paaee Thoo Aganm Vadd Jaaniaa ||	I am a fool and an idiot; I know nothing of Your extent. You are known as Inaccessible and Great.	ਹੇ ਪ੍ਰਭੂ! ਅਸੀਂ ਜੀਵ ਮੂਰਖ ਹਾਂ, ਅਗਿਆਨੀ ਹਾਂ। ਤੂੰ ਕੇਡਾ ਵੱਡਾ ਹੈਂ-ਇਸ ਗੱਲ ਦੀ ਸਮਝ ਸਾਨੂੰ ਨਹੀਂ ਪੈ ਸਕਦੀ। (ਗੁਰੂ ਦੀ ਸਰਨ ਪੈ ਕੇ ਹੁਣ ਇਹ) ਸਮਝਿਆ ਹੈ ਕਿ ਤੂੰ ਅਪਹੁੰਚ ਹੈਂ, ਤੂੰ ਸਭ ਤੋਂ ਵੱਡਾ ਹੈਂ।
47790	1114	ਤੂ ਆਪਿ ਦਇਆਲੁ ਦਇਆ ਕਰਿ ਮੇਲਹਿ ਹਮ ਨਿਰਗੁਣੀ ਨਿਮਾਣਿਆ॥		Thoo Aap Dhaeiaal Dhaeiaa Kar Maelehi Ham Niragunee Nimaaniaa ||	You Yourself are Merciful; please, mercifully bless me. I am unworthy and dishonored - please, unite me with Yourself!	ਹੇ ਪ੍ਰਭੂ! ਤੂੰ ਦਇਆ ਦਾ ਘਰ ਹੈਂ। ਸਾਨੂੰ ਗੁਣ-ਹੀਨ ਨਿਮਾਣੇ ਜੀਵਾਂ ਨੂੰ ਤੂੰ ਆਪ ਹੀ ਮਿਹਰ ਕਰ ਕੇ (ਆਪਣੇ ਚਰਨਾਂ ਵਿਚ) ਮਿਲਾਂਦਾ ਹੈਂ।
47791	1114	ਅਨੇਕ ਜਨਮ ਪਾਪ ਕਰਿ ਭਰਮੇ ਹੁਣਿ ਤਉ ਸਰਣਾਗਤਿ ਆਏ॥	ਸਰ-ਣਾਗਤਿ	Anaek Janam Paap Kar Bharamae Hun Tho Saranaagath Aaeae ||	Through countless lifetimes, I wandered in sin; now, I have come seeking Your Sanctuary.	ਹੇ ਪ੍ਰਭੂ ਜੀ! ਪਾਪ ਕਰ ਕਰ ਕੇ ਅਸੀਂ ਅਨੇਕਾਂ ਜਨਮਾਂ ਵਿਚ ਭਟਕਦੇ ਰਹੇ ਹਾਂ, ਹੁਣ (ਤੇਰੀ ਮਿਹਰ ਨਾਲ) ਤੇਰੀ ਸਰਨ ਆਏ ਹਾਂ।

47792	1114	ਦਇਆ ਕਰਹੁ ਰਖਿ ਲੇਵਹੁ ਹਰਿ ਜੀਉ ਹਮ ਲਾਗਹ ਸਤਿਗੁਰ ਪਾਏ॥੩॥		Dhaeiaa Karahu Rakh Laevahu Har Jeeo Ham Laageh Sathigur Paaeae ||3||	Take pity on me and save me, Dear Lord; I have grasped the Feet of the True Guru. ||3||	ਹੇ ਹਰੀ ਜੀਉ! ਮਿਹਰ ਕਰੋ, ਰੱਖਿਆ ਕਰੋ ਕਿ ਅਸੀਂ ਗੁਰੂ ਦੀ ਚਰਨੀਂ ਲੱਗੇ ਰਹੀਏ ॥੩॥
47793	1114	ਗੁਰ ਪਾਰਸ ਹਮ ਲੋਹ ਮਿਲਿ ਕੰਚਨੁ ਹੋਇਆ ਰਾਮ॥		Gur Paaras Ham Loh Mil Kanchan Hoeiaa Raam ||	The Guru is the Philosopher's Stone; by His touch, iron is transformed into gold.	ਗੁਰੂ ਪਾਸ ਪਾਰਸ ਹੈ ਅਸੀਂ ਜੀਵ ਲੋਹਾ ਹਾਂ, (ਜਿਵੇਂ ਲੋਹਾ ਪਾਰਸ ਨੂੰ) ਮਿਲ ਕੇ ਸੋਨਾ ਹੋ ਜਾਂਦਾ ਹੈ,
47794	1114	ਜੋਤੀ ਜੋਤਿ ਮਿਲਾਇ ਕਾਇਆ ਗੜੁ ਸੋਹਿਆ ਰਾਮ॥	ਗੜ੍	Jothee Joth Milaae Kaaeiaa Garr Sohiaa Raam ||	My light merges into the Light, and my body-fortress is so beautiful.	(ਤਿਵੇਂ ਗੁਰੂ ਦੀ ਰਾਹੀਂ) ਪਰਮਾਤਮਾ ਦੀ ਜੋਤਿ ਵਿਚ (ਆਪਣੀ) ਜਿੰਦ ਮਿਲਾ ਕੇ (ਅਸਾਂ ਜੀਵਾਂ ਦਾ) ਸਰੀਰ-ਕਿਲ੍ਹਾ ਸੁੰਦਰ ਬਣ ਜਾਂਦਾ ਹੈ।
47795	1114	ਕਾਇਆ ਗੜੁ ਸੋਹਿਆ ਮੇਰੈ ਪ੍ਰਭਿ ਮੋਹਿਆ ਕਿਉ ਸਾਸਿ ਗਿਰਾਸਿ ਵਿਸਾਰੀਐ॥		Kaaeiaa Garr Sohiaa Maerai Prabh Mohiaa Kio Saas Giraas Visaareeai ||	My body-fortress is so beautiful; I am fascinated by my God. How could I forget Him, for even a breath, or a morsel of food?	(ਜਿਸ ਜੀਵ ਨੂੰ) ਮੇਰੇ ਪ੍ਰਭੂ ਨੇ ਆਪਣੇ ਪ੍ਰੇਮ ਵਿਚ ਜੋੜ ਲਿਆ, ਉਸ ਦਾ ਸਰੀਰ-ਕਿਲ੍ਹਾ ਸੋਹਣਾ ਹੋ ਜਾਂਦਾ ਹੈ, ਉਸ ਪ੍ਰਭੂ ਨੂੰ (ਹਰੇਕ) ਸਾਹ ਦੇ ਨਾਲ (ਹਰੇਕ) ਗਿਰਾਹੀ ਦੇ ਨਾਲ (ਯਾਦ ਰੱਖਣਾ ਚਾਹੀਦਾ ਹੈ, ਉਸ ਨੂੰ) ਕਦੇ ਭੀ ਭੁਲਾਣਾ ਨਹੀਂ ਚਾਹੀਦਾ।

47796	1114	ਅਦ੍ਰਿਸਟੁ ਅਗੋਚਰੁ ਪਕੜਿਆ ਗੁਰ ਸਬਦੀ ਹਉ ਸਤਿਗੁਰ ਕੈ ਬਲਿਹਾਰੀਐ॥		Adhrisatt Agochar Pakarriaa Gur Sabadhee Ho Sathigur Kai Balihaareeai ||	I have seized the Unseen and Unfathomable Lord, through the Word of the Guru's Shabad. I am a sacrifice to the True Guru.	ਮੈਂ ਉਸ ਅਦ੍ਰਿਸ਼ਟ ਅਗੋਚਰ (ਪਰਮਾਤਮਾ ਦੇ ਚਰਨਾਂ) ਨੂੰ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਆਪਣੇ ਹਿਰਦੇ ਵਿਚ ਵਸਾ ਲਿਆ ਹੈ। ਮੈਂ ਗੁਰੂ ਤੋਂ ਸਦਕੇ ਹਾਂ।
47797	1114	ਸਤਿਗੁਰ ਆਗੈ ਸੀਸੁ ਭੇਟ ਦੇਉ ਜੇ ਸਤਿਗੁਰ ਸਾਚੇ ਭਾਵੈ॥		Sathigur Aagai Sees Bhaett Dhaeo Jae Sathigur Saachae Bhaavai ||	I place my head in offering before the True Guru, if it truly pleases the True Guru.	ਜੇ ਸਦਾ-ਥਿਰ ਪ੍ਰਭੂ ਦੇ ਰੂਪ ਗੁਰੂ ਨੂੰ ਚੰਗਾ ਲੱਗੇ, ਤਾਂ ਮੈਂ ਆਪਣਾ ਸਿਰ ਗੁਰੂ ਦੇ ਅੱਗੇ ਭੇਟ ਧਰ ਦਿਆਂ।
47798	1114	ਆਪੇ ਦਇਆ ਕਰਹੁ ਪ੍ਰਭ ਦਾਤੇ ਨਾਨਕ ਅੰਕਿ ਸਮਾਵੈ॥੪॥੧॥		Aapae Dhaeiaa Karahu Prabh Dhaathae Naanak Ank Samaavai ||4||1||	Take pity on me, O God, Great Giver, that Nanak may merge in Your Being. ||4||1||	ਹੇ ਨਾਨਕ! ਹੇ ਦਾਤਾਰ! ਹੇ ਪ੍ਰਭੂ! ਜਿਸ ਮਨੁੱਖ ਉੱਤੇ ਤੂੰ ਆਪ ਹੀ ਮਿਹਰ ਕਰਦਾ ਹੈਂ, ਉਹ ਤੇਰੇ ਚਰਨਾਂ ਵਿਚ ਲੀਨ ਹੋ ਜਾਂਦਾ ਹੈ ॥੪॥੧॥
47799	1114	ਤੁਖਾਰੀ ਮਹਲਾ ੪॥		Thukhaaree Mehalaa 4 ||	Tukhaari, Fourth Mehl:	
47800	1114	ਹਰਿ ਹਰਿ ਅਗਮ ਅਗਾਧਿ ਅਪਰੰਪਰ ਅਪਰਪਰਾ॥	ਅਪਰ-ਪਰਾ।ਅਪ-ਰੰਪਰ	Har Har Agam Agaadhh Aparanpar Aparaparaa ||	The Lord, Har, Har, is Inaccessible, Unfathomable, Infinite, the Farthest of the Far.	ਹੇ ਹਰੀ! ਹੇ ਅਪਹੁੰਚ ਹਰੀ! ਹੇ ਅਥਾਹ ਹਰੀ! ਹੇ ਬੇਅੰਤ ਹਰੀ! ਹੇ ਪਰੇ ਤੋਂ ਪਰੇ ਹਰੀ!

47801	1114	ਜੋ ਤੁਮ ਧਿਆਵਹਿ ਜਗਦੀਸ ਤੇ ਜਨ ਭਉ ਬਿਖਮੁ ਤਰਾ॥		Jo Thum Dhhiaavehi Jagadhees Thae Jan Bho Bikham Tharaa ||	Those who meditate on You, O Lord of the Universe - those humble beings cross over the terrifying, treacherous world-ocean.	ਹੇ ਜਗਤ ਦੇ ਮਾਲਕ ਹਰੀ! ਜਿਹੜੇ ਮਨੁੱਖ ਤੇਰਾ ਨਾਮ ਸਿਮਰਦੇ ਹਨ, ਉਹ ਮਨੁੱਖ ਇਸ ਔਖੇ ਤਰੇ ਜਾਣ ਵਾਲੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ।
47802	1114	ਬਿਖਮ ਭਉ ਤਿਨ ਤਰਿਆ ਸੁਹੇਲਾ ਜਿਨ ਹਰਿ ਹਰਿ ਨਾਮੁ ਧਿਆਇਆ॥		Bikham Bho Thin Thariaa Suhaelaa Jin Har Har Naam Dhhiaaeiaa ||	Those who meditate on the Name of the Lord, Har, Har, easily cross over the terrifying, treacherous world-ocean.	ਜਿਨ੍ਹਾਂ ਮਨੁੱਖਾਂ ਨੇ (ਸਦਾ) ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਹ ਮਨੁੱਖ ਇਸ ਔਖੇ ਤਰੇ ਜਾਣ ਵਾਲੇ ਸੰਸਾਰ-ਸਮੁੰਦਰ ਤੋਂ ਸੌਖੇ ਹੀ ਪਾਰ ਲੰਘ ਜਾਂਦੇ ਹਨ।
47803	1114	ਗੁਰ ਵਾਕਿ ਸਤਿਗੁਰ ਜੋ ਭਾਇ ਚਲੇ ਤਿਨ ਹਰਿ ਹਰਿ ਆਪਿ ਮਿਲਾਇਆ॥		Gur Vaak Sathigur Jo Bhaae Chalae Thin Har Har Aap Milaaeiaa ||	Those who lovingly walk in harmony with the Word of the Guru, the True Guru - the Lord, Har, Har, unites them with Himself.	ਜਿਹੜੇ ਮਨੁੱਖ ਗੁਰੂ ਸਤਿਗੁਰੂ ਦੀ ਸਿੱਖਿਆ ਉਤੇ ਤੁਰ ਕੇ ਪ੍ਰੇਮ ਦੇ ਆਸਰੇ ਜੀਵਨ ਬਿਤੀਤ ਕਰਦੇ ਰਹੇ, ਉਹਨਾਂ ਨੂੰ ਪਰਮਾਤਮਾ ਨੇ ਆਪ (ਆਪਣੇ ਚਰਨਾਂ ਵਿਚ) ਮਿਲਾ ਲਿਆ।
47804	1114	ਜੋਤੀ ਜੋਤਿ ਮਿਲਿ ਜੋਤਿ ਸਮਾਣੀ ਹਰਿ ਕ੍ਰਿਪਾ ਕਰਿ ਧਰਣੀਧਰਾ॥		Jothee Joth Mil Joth Samaanee Har Kirapaa Kar Dhharaneedhharaa ||	The mortal's light meets the Light of God, and blends with that Divine Light when the Lord, the Support of the Earth, grants His Grace.	ਹੇ ਧਰਤੀ ਦੇ ਆਸਰੇ ਹਰੀ! ਜਿਨ੍ਹਾਂ ਉੱਤੇ ਤੂੰ ਕਿਰਪਾ ਕੀਤੀ, ਉਹਨਾਂ ਦੀ ਜਿੰਦ ਤੇਰੀ ਜੋਤਿ ਵਿਚ ਮਿਲ ਕੇ ਤੇਰੀ ਜੋਤਿ ਵਿਚ ਹੀ ਲੀਨ ਹੋਈ ਰਹਿੰਦੀ ਹੈ।

47805	1114	ਹਰਿ ਹਰਿ ਅਗਮ ਅਗਾਧਿ ਅਪਰੰਪਰ ਅਪਰਪਰਾ॥੧॥	ਅਪ-ਰੰਪਰ	Har Har Agam Agaadhh Aparanpar Aparaparaa ||1||	The Lord, Har, Har, is Inaccessible, Unfathomable, Infinite, the Farthest of the Far. ||1||	ਹੇ ਹਰੀ! ਹੇ ਅਪਹੁੰਚ ਹਰੀ! ਹੇ ਅਥਾਹ ਹਰੀ! ਹੇ ਪਰੇ ਤੋਂ ਪਰੇ ਹਰੀ! ਹੇ ਬੇਅੰਤ ਹਰੀ! (ਇਹ ਸਭ ਤੇਰੀ ਕ੍ਰਿਪਾ ਦੁਆਰਾ ਹੀ ਹੋ ਸਕਦਾ ਹੈ) ॥੧॥
47806	1114	ਤੁਮ ਸੁਆਮੀ ਅਗਮ ਅਥਾਹ ਤੂ ਘਟਿ ਘਟਿ ਪੂਰਿ ਰਹਿਆ॥		Thum Suaamee Agam Athhaah Thoo Ghatt Ghatt Poor Rehiaa ||	O my Lord and Master, You are Inaccessible and Unfathomable. You are totally pervading and permeating each and every heart.	ਹੇ ਅਪਹੁੰਚ ਪ੍ਰਭੂ! ਹੇ ਅਥਾਹ ਪ੍ਰਭੂ! ਤੂੰ (ਸਭ ਦਾ) ਮਾਲਕ ਹੈਂ; ਤੂੰ ਹਰੇਕ ਸਰੀਰ ਵਿਚ ਵਿਆਪਕ ਹੈਂ।
47807	1114	ਤੂ ਅਲਖ ਅਭੇਉ ਅਗੰਮੁ ਗੁਰ ਸਤਿਗੁਰ ਬਚਨਿ ਲਹਿਆ॥		Thoo Alakh Abhaeo Aganm Gur Sathigur Bachan Lehiaa ||	You are Unseen, Unknowable and Unfathomable; You are found through the Word of the Guru, the True Guru.	ਅਦ੍ਰਿਸ਼ਟ ਅਭੇਵ ਅਤੇ ਅਪਹੁੰਚ ਪ੍ਰਭੂ ਗੁਰੂ ਸਤਿਗੁਰੂ ਦੇ ਬਚਨ ਦੀ ਰਾਹੀਂ ਲੱਭ ਪੈਂਦਾ ਹੈ।
47808	1114	ਧਨੁ ਧੰਨੁ ਤੇ ਜਨ ਪੁਰਖ ਪੂਰੇ ਜਿਨ ਗੁਰ ਸੰਤਸੰਗਤਿ ਮਿਲਿ ਗੁਣ ਰਵੇ॥		Dhhan Dhhann Thae Jan Purakh Poorae Jin Gur Santhasangath Mil Gun Ravae ||	Blessed, blessed are those humble, powerful and perfect people, who join the Guru's Sangat, the Society of the Saints, and chant His Glorious Praises.	ਉਹ ਪੂਰਨ ਪੁਰਖ ਭਾਗਾਂ ਵਾਲੇ ਹਨ ਕਿਸਮਤ ਵਾਲੇ ਹਨ, ਜਿਨ੍ਹਾਂ ਨੇ ਗੁਰੂ-ਸੰਤ ਦੀ ਸੰਗਤ ਵਿਚ ਮਿਲ ਕੇ ਪਰਮਾਤਮਾ ਦੇ ਗੁਣ ਯਾਦ ਕੀਤੇ ਹਨ।

47809	1114	ਬਿਬੇਕ ਬੁਧਿ ਬੀਚਾਰਿ ਗੁਰਮੁਖਿ ਗੁਰ ਸਬਦਿ ਖਿਨੁ ਖਿਨੁ ਹਰਿ ਨਿਤ ਚਵੇ॥		Bibaek Budhh Beechaar Guramukh Gur Sabadh Khin Khin Har Nith Chavae ||	With clear and precise understanding, the Gurmukhs contemplate the Guru's Shabad; each and every instant, they continually speak of the Lord.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਚੰਗੇ ਮੰਦੇ ਕਰਮ ਦੀ ਪਰਖ ਕਰ ਸਕਣ ਵਾਲੀ ਅਕਲ ਦੀ ਰਾਹੀਂ ਪਰਮਾਤਮਾ ਦੇ ਗੁਣਾਂ ਨੂੰ ਆਪਣੇ ਮਨ ਵਿਚ ਵਸਾ ਕੇ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਪਰਮਾਤਮਾ ਦੇ ਗੁਣਾਂ ਨੂੰ ਸਦਾ ਹਰ ਖਿਨ ਸਿਮਰਦੇ ਰਹਿੰਦੇ ਹਨ।
47810	1114	ਜਾ ਬਹਹਿ ਗੁਰਮੁਖਿ ਹਰਿ ਨਾਮੁ ਬੋਲਹਿ ਜਾ ਖੜੇ ਗੁਰਮੁਖਿ ਹਰਿ ਹਰਿ ਕਹਿਆ॥	ਬਹ-ਹਿ,ਖੜ੍ਹੇ	Jaa Behehi Guramukh Har Naam Bolehi Jaa Kharrae Guramukh Har Har Kehiaa ||	When the Gurmukh sits down, he chants the Lord's Name. When the Gurmukh stands up, he chants the Lord's Name, Har, Har.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਜਦੋਂ (ਕਿਤੇ) ਬੈਠਦੇ ਹਨ ਤਾਂ ਪਰਮਾਤਮਾ ਦਾ ਨਾਮ ਉਚਾਰਦੇ ਹਨ, ਜਦੋਂ ਖਲੋਂਦੇ ਹਨ ਤਦੋਂ ਭੀ ਉਹ ਹਰਿ-ਨਾਮ ਹੀ ਉਚਾਰਦੇ ਹਨ (ਭਾਵ, ਗੁਰਮੁਖ ਮਨੁੱਖ ਬੈਠੇ ਖਲੋਤੇ ਹਰ ਵੇਲੇ ਪਰਮਾਤਮਾ ਦਾ ਨਾਮ ਚੇਤੇ ਰੱਖਦੇ ਹਨ)।
47811	1114	ਤੁਮ ਸੁਆਮੀ ਅਗਮ ਅਥਾਹ ਤੂ ਘਟਿ ਘਟਿ ਪੂਰਿ ਰਹਿਆ॥੨॥		Thum Suaamee Agam Athhaah Thoo Ghatt Ghatt Poor Rehiaa ||2||	O my Lord and Master, You are Inaccessible and Unfathomable. You are totally pervading and permeating each and every heart. ||2||	ਹੇ ਅਪਹੁੰਚ ਪ੍ਰਭੂ! ਹੇ ਅਥਾਹ ਪ੍ਰਭੂ! ਤੂੰ (ਸਭ ਜੀਵਾਂ ਦਾ) ਮਾਲਕ ਹੈਂ; ਅਤੇ ਤੂੰ ਹਰੇਕ ਸਰੀਰ ਵਿਚ ਵਿਆਪਕ ਹੈਂ ॥੨॥

47812	1114	ਸੇਵਕ ਜਨ ਸੇਵਹਿ ਤੇ ਪਰਵਾਣੁ ਜਿਨ ਸੇਵਿਆ ਗੁਰਮਤਿ ਹਰੇ॥		Saevak Jan Saevehi Thae Paravaan Jin Saeviaa Guramath Harae ||	Those humble servants who serve are accepted. They serve the Lord, and follow the Guru's Teachings.	ਪਰਮਾਤਮਾ ਦੇ ਭਗਤ (ਪਰਮਾਤਮਾ ਦੀ) ਸੇਵਾ-ਭਗਤੀ ਕਰਦੇ ਹਨ, ਉਹ (ਪਰਮਾਤਮਾ ਦੀ ਹਜ਼ੂਰੀ ਵਿਚ) ਆਦਰ-ਸਤਕਾਰ ਹਾਸਲ ਕਰਦੇ ਹਨ। ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਮੱਤ ਉੱਤੇ ਤੁਰ ਕੇ ਪ੍ਰਭੂ ਦੀ ਸੇਵਾ-ਭਗਤੀ ਕੀਤੀ,
47813	1114	ਤਿਨ ਕੇ ਕੋਟਿ ਸਭਿ ਪਾਪ ਖਿਨੁ ਪਰਹਰਿ ਹਰਿ ਦੂਰਿ ਕਰੇ॥		Thin Kae Kott Sabh Paap Khin Parehar Har Dhoor Karae ||	All their millions of sins are taken away in an instant; the Lord takes them far away.	ਪਰਮਾਤਮਾ ਨੇ ਉਹਨਾਂ ਦੇ ਸਾਰੇ ਕ੍ਰੋੜਾਂ ਹੀ ਪਾਪ ਇਕ ਖਿਨ ਵਿਚ ਹੀ ਦੂਰ ਕਰ ਦਿੱਤੇ।
47814	1114	ਤਿਨ ਕੇ ਪਾਪ ਦੋਖ ਸਭਿ ਬਿਨਸੇ ਜਿਨ ਮਨਿ ਚਿਤਿ ਇਕੁ ਅਰਾਧਿਆ॥		Thin Kae Paap Dhokh Sabh Binasae Jin Man Chith Eik Araadhhiaa ||	All their sin and blame is washed away. They worship and adore the One Lord with their conscious minds.	ਜਿਨ੍ਹਾਂ ਮਨੁੱਖਾਂ ਨੇ ਆਪਣੇ ਮਨ ਵਿਚ ਆਪਣੇ ਚਿੱਤ ਵਿਚ ਇਕ ਪਰਮਾਤਮਾ ਦਾ ਸਿਮਰਨ ਕੀਤਾ, ਉਹਨਾਂ ਦੇ ਸਾਰੇ ਪਾਪ ਉਹਨਾਂ ਦੇ ਸਾਰੇ ਔਗੁਣ ਨਾਸ ਹੋ ਗਏ।
47815	1115	ਤਿਨ ਕਾ ਜਨਮੁ ਸਫਲਿਓ ਸਭੁ ਕੀਆ ਕਰਤੈ ਜਿਨ ਗੁਰ ਬਚਨੀ ਸਚੁ ਭਾਖਿਆ॥		Thin Kaa Janam Safaliou Sabh Keeaa Karathai Jin Gur Bachanee Sach Bhaakhiaa ||	The Creator makes fruitful the lives of all those who, through the Guru's Word, chant the True Name.	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਬਚਨਾਂ ਉਤੇ ਤੁਰ ਕੇ ਸਦਾ-ਥਿਰ ਹਰਿ-ਨਾਮ ਸਿਮਰਿਆ, ਕਰਤਾਰ ਨੇ ਉਹਨਾਂ ਦਾ ਸਾਰਾ ਜਨਮ ਸਫਲ ਕਰ ਦਿੱਤਾ।

47816	1115	ਤੇ ਧੰਨੁ ਜਨ ਵਡ ਪੁਰਖ ਪੂਰੇ ਜੋ ਗੁਰਮਤਿ ਹਰਿ ਜਪਿ ਭਉ ਬਿਖਮੁ ਤਰੇ॥		Thae Dhann Jan Vadd Purakh Poorae Jo Guramath Har Jap Bho Bikham Tharae ||	Blessed are those humble beings, those great and perfect people, who follow the Guru's Teachings and meditate on the Lord; they cross over the terrifying and treacherous world-ocean.	ਉਹ ਮਨੁੱਖ ਭਾਗਾਂ ਵਾਲੇ ਹਨ, ਮਹਾ ਪੁਰਖ ਹਨ, ਗੁਣਾਂ ਦੇ ਭਾਂਡੇ ਹਨ, ਜਿਹੜੇ ਗੁਰੂ ਦੀ ਮੱਤ ਉਤੇ ਤੁਰ ਕੇ ਇਸ ਔਖੇ ਤਰੇ ਜਾਣ ਵਾਲੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ।
47817	1115	ਸੇਵਕ ਜਨ ਸੇਵਹਿ ਤੇ ਪਰਵਾਣੁ ਜਿਨ ਸੇਵਿਆ ਗੁਰਮਤਿ ਹਰੇ॥੩॥		Saevak Jan Saevehi Thae Paravaan Jin Saeviaa Guramath Harae ||3||	Those humble servants who serve are accepted. They follow the Guru's Teachings, and serve the Lord. ||3||	ਪਰਮਾਤਮਾ ਦੇ ਭਗਤ (ਪਰਮਾਤਮਾ ਦੀ) ਸੇਵਾ-ਭਗਤੀ ਕਰਦੇ ਹਨ, ਉਹ (ਪਰਮਾਤਮਾ ਦੀ ਹਜ਼ੂਰੀ ਵਿਚ) ਆਦਰ-ਸਤਕਾਰ ਕਰਦੇ ਹਨ। ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਮੱਤ ਉੱਤੇ ਤੁਰ ਕੇ ਪ੍ਰਭੂ ਦੀ ਸੇਵਾ-ਭਗਤੀ ਕੀਤੀ (ਪਰਮਾਤਮਾ ਨੇ ਉਹਨਾਂ ਦੇ ਸਾਰੇ ਪਾਪ ਇਕ ਖਿਨ ਵਿਚ ਹੀ ਦੂਰ ਕਰ ਦਿੱਤੇ) ॥੩॥
47818	1115	ਤੂ ਅੰਤਰਜਾਮੀ ਹਰਿ ਆਪਿ ਜਿਉ ਤੂ ਚਲਾਵਹਿ ਪਿਆਰੇ ਹਉ ਤਿਵੈ ਚਲਾ॥	ਚੱਲਾਂ	Thoo Antharajaamee Har Aap Jio Thoo Chalaavehi Piaarae Ho Thivai Chalaa ||	You Yourself, Lord, are the Inner-knower, the Searcher of hearts; as You make me walk, O my Beloved, so do I walk.	ਹੇ ਹਰੀ! ਤੂੰ ਆਪ ਸਭ ਦੇ ਦਿਲ ਦੀ ਜਾਣਨ ਵਾਲਾ ਹੈਂ। ਹੇ ਪਿਆਰੇ! ਜਿਵੇਂ ਤੂੰ (ਅਸਾਂ ਜੀਵਾਂ ਨੂੰ) ਜੀਵਨ-ਰਾਹ ਉਤੇ ਤੁਰਦਾ ਹੈਂ, ਮੈਂ ਉਸੇ ਤਰ੍ਹਾਂ ਹੀ ਤੁਰਦਾ ਹਾਂ।

47819	1115	ਹਮਰੈ ਹਾਥਿ ਕਿਛੁ ਨਾਹਿ ਜਾ ਤੂ ਮੇਲਹਿ ਤਾ ਹਉ ਆਇ ਮਿਲਾ॥		Hamarai Haathh Kishh Naahi Jaa Thoo Maelehi Thaa Ho Aae Milaa ||	Nothing is in my hands; when You unite me, then I come to be united.	ਹੇ ਹਰੀ! ਅਸਾਂ ਜੀਵਾਂ ਦੇ ਵੱਸ ਵਿਚ ਕੁਝ ਨਹੀਂ। ਜਦੋਂ ਤੂੰ (ਮੈਨੂੰ ਆਪਣੇ ਚਰਨਾਂ ਵਿਚ) ਮਿਲਾਂਦਾ ਹੈਂ, ਤਦੋਂ (ਹੀ) ਮੈਂ ਆ ਕੇ ਮਿਲਦਾ ਹਾਂ।
47820	1115	ਜਿਨ ਕਉ ਤੂ ਹਰਿ ਮੇਲਹਿ ਸੁਆਮੀ ਸਭੁ ਤਿਨ ਕਾ ਲੇਖਾ ਛੁਟਕਿ ਗਇਆ॥		Jin Ko Thoo Har Maelehi Suaamee Sabh Thin Kaa Laekhaa Shhuttak Gaeiaa ||	Those whom You unite with Yourself, O my Lord and Master - all their accounts are settled.	ਹੇ ਹਰੀ! ਹੇ ਸੁਆਮੀ! ਜਿਨ੍ਹਾਂ ਨੂੰ ਤੂੰ (ਆਪਣੇ ਚਰਨਾਂ ਵਿਚ) ਜੋੜਦਾ ਹੈਂ, ਉਹਨਾਂ ਦੇ (ਪਿਛਲੇ ਕੀਤੇ ਕਰਮਾਂ ਦਾ) ਸਾਰਾ ਲੇਖ ਮੁੱਕ ਜਾਂਦਾ ਹੈ। (ਉਹਨਾਂ ਦੇ ਅੰਦਰੋਂ ਪਿਛਲੇ ਕੀਤੇ ਸਾਰੇ ਮੰਦ ਕਰਮਾਂ ਦੇ ਸੰਸਕਾਰ ਮਿਟ ਜਾਂਦੇ ਹਨ)।
47821	1115	ਤਿਨ ਕੀ ਗਣਤ ਨ ਕਰਿਅਹੁ ਕੋ ਭਾਈ ਜੋ ਗੁਰ ਬਚਨੀ ਹਰਿ ਮੇਲਿ ਲਇਆ॥		Thin Kee Ganath N Kariahu Ko Bhaaee Jo Gur Bachanee Har Mael Laeiaa ||	No one can go through the accounts of those, O Siblings of Destiny, who through the Word of the Guru's Teachings are united with the Lord.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਗੁਰੂ ਦੇ ਬਚਨਾਂ ਉਤੇ ਤੋਰ ਕੇ (ਆਪਣੇ ਨਾਲ) ਮਿਲਾਂਦਾ ਹੈ, ਕੋਈ ਭੀ ਧਿਰ ਉਹਨਾਂ ਦੇ (ਪਿਛਲੇ ਕਰਮਾਂ ਦੀ) ਵਿਚਾਰ ਨਾਹ ਕਰਿਓ (ਕਿਉਂਕਿ ਉਹਨਾਂ ਦੇ ਅੰਦਰੋਂ ਤਾਂ ਉਹ ਸਾਰੇ ਸੰਸਕਾਰ ਮਿਟ ਜਾਂਦੇ ਹਨ)।

47822	1115	ਨਾਨਕ ਦਇਆਲੁ ਹੋਆ ਤਿਨ ਊਪਰਿ ਜਿਨ ਗੁਰ ਕਾ ਭਾਣਾ ਮੰਨਿਆ ਭਲਾ॥		Naanak Dhaeiaal Hoaa Thin Oopar Jin Gur Kaa Bhaanaa Manniaa Bhalaa ||	O Nanak, the Lord shows Mercy to those who accept the Guru's Will as good.	ਹੇ ਨਾਨਕ! ਜਿਹੜੇ ਮਨੁੱਖ ਗੁਰੂ ਦੀ ਰਜ਼ਾ ਨੂੰ ਮਿੱਠੀ ਕਰਕੇ ਮੰਨਦੇ ਹਨ, ਪਰਮਾਤਮਾ ਉਹਨਾਂ ਉੱਤੇ ਆਪ ਦਇਆਵਾਨ ਹੁੰਦਾ ਹੈ।
47823	1115	ਤੂ ਅੰਤਰਜਾਮੀ ਹਰਿ ਆਪਿ ਜਿਉ ਤੂ ਚਲਾਵਹਿ ਪਿਆਰੇ ਹਉ ਤਿਵੈ ਚਲਾ॥੪॥੨॥		Thoo Antharajaamee Har Aap Jio Thoo Chalaavehi Piaarae Ho Thivai Chalaa ||4||2||	You Yourself, Lord, are the Inner-knower, the Searcher of hearts; as You make me walk, O my Beloved, so do I walk. ||4||2||	ਹੇ ਹਰੀ! ਤੂੰ ਆਪ ਸਭ ਦੇ ਦਿਲ ਦੀ ਜਾਣਨ ਵਾਲਾ ਹੈਂ। ਹੇ ਪਿਆਰੇ! ਜਿਵੇਂ ਤੂੰ (ਅਸਾਂ ਜੀਵਾਂ ਨੂੰ) ਜੀਵਨ-ਰਾਹ ਉਤੇ ਤੋਰਦਾ ਹੈਂ, ਮੈਂ ਉਸੇ ਤਰ੍ਹਾਂ ਹੀ ਤੁਰਦਾ ਹਾਂ ॥੪॥੨॥
47824	1115	ਤੁਖਾਰੀ ਮਹਲਾ ੪॥		Thukhaaree Mehalaa 4 ||	Tukhaari, Fourth Mehl:	
47825	1115	ਤੂ ਜਗਜੀਵਨੁ ਜਗਦੀਸੁ ਸਭ ਕਰਤਾ ਸ੍ਰਿਸਟਿ ਨਾਥੁ॥	ਜੱਗਦੀਸੁ	Thoo Jagajeevan Jagadhees Sabh Karathaa Srisatt Naathh ||	You are the Life of the World, the Lord of the Universe, our Lord and Master, the Creator of all the Universe.	ਹੇ ਪ੍ਰਭੂ! ਤੂੰ ਜਗਤ ਦੇ ਜੀਵਾਂ ਨੂੰ ਜ਼ਿੰਦਗੀ ਦੇਣ ਵਾਲਾ ਹੈਂ, ਤੂੰ ਜਗਤ ਦਾ ਮਾਲਕ ਹੈਂ, ਤੂੰ ਸਾਰੀ (ਸ੍ਰਿਸ਼ਟੀ) ਦਾ ਪੈਦਾ ਕਰਨ ਵਾਲਾ ਹੈਂ, ਤੂੰ ਸ੍ਰਿਸ਼ਟੀ ਦਾ ਖਸਮ ਹੈਂ।

47826	1115	ਤਿਨ ਤੂ ਧਿਆਇਆ ਮੇਰਾ ਰਾਮੁ ਜਿਨ ਕੈ ਧੁਰਿ ਲੇਖੁ ਮਾਥੁ॥		Thin Thoo Dhhiaaeiaa Maeraa Raam Jin Kai Dhhur Laekh Maathh ||	They alone meditate on You, O my Lord, who have such destiny recorded on their foreheads.	ਹੇ ਪ੍ਰਭੂ! ਧੁਰ ਦਰਗਾਹ ਤੋਂ ਜਿਨ੍ਹਾਂ ਦੇ ਭਾਗਾਂ ਵਿਚ (ਹਰਿ-ਸਿਮਰਨ ਦੇ ਸੰਸਕਾਰਾਂ ਦਾ) ਲੇਖ ਲਿਖਿਆ ਹੋਇਆ ਹੈ, ਜਿਨ੍ਹਾਂ ਦਾ ਮੱਥਾ ਭਾਗਾਂ ਵਾਲਾ ਹੈ, ਉਹਨਾਂ ਨੇ ਤੈਨੂੰ ਸਿਮਰਿਆ ਹੈ।
47827	1115	ਜਿਨ ਕਉ ਧੁਰਿ ਹਰਿ ਲਿਖਿਆ ਸੁਆਮੀ ਤਿਨ ਹਰਿ ਹਰਿ ਨਾਮੁ ਅਰਾਧਿਆ॥		Jin Ko Dhhur Har Likhiaa Suaamee Thin Har Har Naam Araadhhiaa ||	Those who are so pre-destined by their Lord and Master, worship and adore the Name of the Lord, Har, Har.	ਉਹਨਾਂ ਨੇ ਮੇਰੇ ਰਾਮ ਨੂੰ ਸਿਮਰਿਆ ਹੈ, ਮਾਲਕ-ਹਰੀ ਨੇ ਜਿਨ੍ਹਾਂ ਦੇ ਭਾਗਾਂ ਵਿਚੋਂ ਧੁਰੋਂ ਸਿਮਰਨ ਦਾ ਲੇਖ ਲਿਖ ਦਿੱਤਾ ਹੈ, ਉਹ (ਸਦਾ) ਹਰਿ-ਨਾਮ ਦਾ ਸਿਮਰਨ ਕਰਦੇ ਹਨ।
47828	1115	ਤਿਨ ਕੇ ਪਾਪ ਇਕ ਨਿਮਖ ਸਭਿ ਲਾਥੇ ਜਿਨ ਗੁਰ ਬਚਨੀ ਹਰਿ ਜਾਪਿਆ॥		Thin Kae Paap Eik Nimakh Sabh Laathhae Jin Gur Bachanee Har Jaapiaa ||	All sins are erased in an instant, for those who meditate on the Lord, through the Guru's Teachings.	ਜਿਨ੍ਹਾਂ ਨੇ ਗੁਰੂ ਦੇ ਬਚਨਾਂ ਉਤੇ ਤੁਰ ਕੇ ਪਰਮਾਤਮਾ ਦਾ ਨਾਮ ਜਪਿਆ ਹੈ, ਉਹਨਾਂ ਦੇ ਸਾਰੇ ਪਾਪ ਅੱਖ ਝਮਕਣ ਜਿਤਨੇ ਸਮੇ ਵਿਚ ਹੀ ਦੂਰ ਹੋ ਜਾਂਦੇ ਹਨ।

47829	1115	ਧਨੁ ਧੰਨੁ ਤੇ ਜਨ ਜਿਨ ਹਰਿ ਨਾਮੁ ਜਪਿਆ ਤਿਨ ਦੇਖੇ ਹਉ ਭਇਆ ਸਨਾਥੁ॥		Dhhan Dhhann Thae Jan Jin Har Naam Japiaa Thin Dhaekhae Ho Bhaeiaa Sanaathh ||	Blessed, blessed are those humble beings who meditate on the Lord's Name. Seeing them, I am uplifted.	ਉਹ ਮਨੁੱਖ ਭਾਗਾਂ ਵਾਲੇ ਹਨ, ਮੁਬਾਰਿਕ ਹਨ, ਜਿਹੜੇ ਪਰਮਾਤਮਾ ਦਾ ਨਾਮ ਜਪਦੇ ਹਨ। ਉਹਨਾਂ ਦਾ ਦਰਸਨ ਕਰ ਕੇ ਮੈਂ (ਭੀ) ਖਸਮ ਵਾਲਾ (ਅਖਵਾਣ ਜੋਗਾ) ਹੋ ਗਿਆ ਹਾਂ (ਕਿਉਂਕਿ ਮੈਂ ਭੀ ਖਸਮ-ਪ੍ਰਭੂ ਦਾ ਨਾਮ ਜਪਣ ਲੱਗ ਪਿਆ ਹਾਂ)।
47830	1115	ਤੂ ਜਗਜੀਵਨੁ ਜਗਦੀਸੁ ਸਭ ਕਰਤਾ ਸ੍ਰਿਸਟਿ ਨਾਥੁ॥੧॥		Thoo Jagajeevan Jagadhees Sabh Karathaa Srisatt Naathh ||1||	You are the Life of the World, the Lord of the Universe, our Lord and Master, the Creator of all the Universe. ||1||	ਹੇ ਪ੍ਰਭੂ! ਤੂੰ ਜਗਤ ਦੇ ਜੀਵਾਂ ਨੂੰ ਜ਼ਿੰਦਗੀ ਦੇਣ ਵਾਲਾ ਹੈਂ, ਤੂੰ ਜਗਤ ਦਾ ਮਾਲਕ ਹੈਂ, ਤੂੰ ਸਾਰੀ (ਸ੍ਰਿਸ਼ਟੀ) ਦਾ ਪੈਦਾ ਕਰਨ ਵਾਲਾ ਹੈਂ, ਤੂੰ ਸ੍ਰਿਸ਼ਟੀ ਦਾ ਖਸਮ ਹੈਂ ॥੧॥
47831	1115	ਤੂ ਜਲਿ ਥਲਿ ਮਹੀਅਲਿ ਭਰਪੂਰਿ ਸਭ ਊਪਰਿ ਸਾਚੁ ਧਣੀ॥		Thoo Jal Thhal Meheeal Bharapoor Sabh Oopar Saach Dhhanee ||	You are totally pervading the water, the land and the sky. O True Lord, You are the Master of all.	ਹੇ ਪ੍ਰਭੂ! ਤੂੰ ਜਲ ਵਿਚ ਧਰਤੀ ਵਿਚ ਆਕਾਸ਼ ਵਿਚ (ਹਰ ਥਾਂ) ਵਿਆਪਕ ਹੈਂ, ਤੂੰ ਸਭ ਜੀਵਾਂ ਦੇ ਸਿਰ ਉੱਤੇ ਹੈਂ, ਤੂੰ ਸਦਾ ਕਾਇਮ ਰਹਿਣ ਵਾਲਾ ਮਾਲਕ ਹੈਂ।
47832	1115	ਜਿਨ ਜਪਿਆ ਹਰਿ ਮਨਿ ਚੀਤਿ ਹਰਿ ਜਪਿ ਜਪਿ ਮੁਕਤੁ ਘਣੀ॥		Jin Japiaa Har Man Cheeth Har Jap Jap Mukath Ghanee ||	Those who meditate on the Lord in their conscious minds - all those who chant and meditate on the Lord are liberated.	ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਆਪਣੇ ਮਨ ਵਿਚ ਆਪਣੇ ਚਿੱਤ ਵਿਚ ਪਰਮਾਤਮਾ ਦਾ ਨਾਮ (ਸਦਾ) ਜਪਿਆ (ਉਹ ਵਿਕਾਰਾਂ ਤੋਂ ਬਚ ਗਏ)।

47833	1115	ਜਿਨ ਜਪਿਆ ਹਰਿ ਤੇ ਮੁਕਤ ਪ੍ਰਾਣੀ ਤਿਨ ਕੇ ਊਜਲ ਮੁਖ ਹਰਿ ਦੁਆਰਿ॥	ਊੱਜਲ	Jin Japiaa Har Thae Mukath Praanee Thin Kae Oojal Mukh Har Dhuaar ||	Those mortal beings who meditate on the Lord are liberated; their faces are radiant in the Court of the Lord.	ਹੇ ਭਾਈ! ਪ੍ਰਭੂ ਦਾ ਨਾਮ ਮੁੜ ਮੁੜ ਜਪ ਕੇ ਬੇਅੰਤ ਲੁਕਾਈ ਮੁਕਤ ਹੋ ਜਾਂਦੀ ਹੈ। ਜਿਹੜੇ ਪ੍ਰਾਣੀ ਪਰਮਾਤਮਾ ਦਾ ਨਾਮ ਜਪਦੇ ਹਨ, ਉਹ ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ, ਪਰਮਾਤਮਾ ਦੇ ਦਰ ਤੇ ਉਹਨਾਂ ਦੇ ਮੂੰਹ ਉਜਲੇ ਹੁੰਦੇ ਹਨ (ਪ੍ਰਭੂ-ਦਰ ਤੇ ਉਹ ਆਦਰ-ਸਤਕਾਰ ਪ੍ਰਾਪਤ ਕਰਦੇ ਹਨ)।
47834	1115	ਓਇ ਹਲਤਿ ਪਲਤਿ ਜਨ ਭਏ ਸੁਹੇਲੇ ਹਰਿ ਰਾਖਿ ਲੀਏ ਰਖਨਹਾਰਿ॥		Oue Halath Palath Jan Bheae Suhaelae Har Raakh Leeeae Rakhanehaar ||	Those humble beings are exalted in this world and the next; the Savior Lord saves them.	ਉਹ ਬੰਦੇ ਇਸ ਲੋਕ ਵਿਚ ਤੇ ਪਰਲੋਕ ਵਿਚ ਸੁਖੀ ਜੀਵਨ ਵਾਲੇ ਹੋ ਜਾਂਦੇ ਹਨ। ਬਚਾਣ ਦੀ ਸਮਰਥਾ ਵਾਲੇ ਪਰਮਾਤਮਾ ਨੇ ਉਹਨਾਂ ਨੂੰ ਆਪ (ਵਿਕਾਰਾਂ ਤੋਂ) ਬਚਾ ਲਿਆ ਹੁੰਦਾ ਹੈ।
47835	1115	ਹਰਿ ਸੰਤਸੰਗਤਿ ਜਨ ਸੁਣਹੁ ਭਾਈ ਗੁਰਮੁਖਿ ਹਰਿ ਸੇਵਾ ਸਫਲ ਬਣੀ॥		Har Santhasangath Jan Sunahu Bhaaee Guramukh Har Saevaa Safal Banee ||	Listen to the Lord's Name in the Society of the Saints, O humble Siblings of Destiny. The Gurmukh's service to the Lord is fruitful.	ਹੇ ਹਰੀ ਦੇ ਸੰਤ ਜਨੋਂ! ਹੇ ਸਾਧ ਸੰਗਤ! ਸੁਣੋ-ਗੁਰੂ ਦੀ ਸਰਨ ਪਿਆਂ ਹੀ ਪਰਮਾਤਮਾ ਦੀ ਕੀਤੀ ਹੋਈ ਸੇਵਾ-ਭਗਤੀ ਕਾਮਯਾਬ ਹੁੰਦੀ ਹੈ।

47836	1115	ਤੂ ਜਲਿ ਥਲਿ ਮਹੀਅਲਿ ਭਰਪੂਰਿ ਸਭ ਊਪਰਿ ਸਾਚੁ ਧਣੀ॥੨॥		Thoo Jal Thhal Meheeal Bharapoor Sabh Oopar Saach Dhhanee ||2||	You are totally pervading the water, the land and the sky. O True Lord, You are the Master of all. ||2||	ਹੇ ਪ੍ਰਭੂ! ਤੂੰ ਜਲ ਵਿਚ ਧਰਤੀ ਵਿਚ ਆਕਾਸ਼ ਵਿਚ (ਹਰ ਥਾਂ) ਵਿਆਪਕ ਹੈਂ, ਤੂੰ ਸਭ ਜੀਵਾਂ ਦੇ ਸਿਰ ਉਤੇ ਹੈਂ, ਤੂੰ ਸਦਾ ਕਾਇਮ ਰਹਿਣ ਵਾਲਾ ਮਾਲਕ ਹੈਂ ॥੨॥
47837	1115	ਤੂ ਥਾਨ ਥਨੰਤਰਿ ਹਰਿ ਏਕੁ ਹਰਿ ਏਕੋ ਏਕੁ ਰਵਿਆ॥		Thoo Thhaan Thhananthar Har Eaek Har Eaeko Eaek Raviaa ||	You are the One Lord, the One and Only Lord, pervading all places and interspaces.	ਹੇ ਹਰੀ! ਹਰੇਕ ਥਾਂ ਵਿਚ ਇਕ ਤੂੰ ਹੀ ਤੂੰ ਮੌਜੂਦ ਹੈਂ।
47838	1115	ਵਨਿ ਤ੍ਰਿਨਿ ਤ੍ਰਿਭਵਣਿ ਸਭ ਸ੍ਰਿਸਟਿ ਮੁਖਿ ਹਰਿ ਹਰਿ ਨਾਮੁ ਚਵਿਆ॥	(ਚਵਿਆ) ਉਚਾਰਿਆ	Van Thrin Thribhavan Sabh Srisatt Mukh Har Har Naam Chaviaa ||	The forests and fields, the three worlds and the entire Universe, chant the Name of the Lord, Har, Har.	ਹੇ ਪ੍ਰਭੂ! ਜੰਗਲ ਵਿਚ, ਘਾਹ ਦੇ ਤੀਲੇ ਵਿਚ, ਤ੍ਰਿਭਵਣੀ-ਜਗਤ ਵਿਚ-ਹਰ ਥਾਂ ਤੂੰ ਹੀ ਤੂੰ ਵੱਸ ਰਿਹਾ ਹੈਂ। ਸਾਰੀ ਸ੍ਰਿਸ਼ਟੀ (ਭਾਵ, ਸਾਰੀ ਸ੍ਰਿਸ਼ਟੀ ਦੇ ਜੀਵ) ਆਪਣੇ ਮੂੰਹ ਨਾਲ ਹਰਿ-ਨਾਮ ਹੀ ਉਚਾਰ ਰਹੀ ਹੈ।
47839	1115	ਸਭਿ ਚਵਹਿ ਹਰਿ ਹਰਿ ਨਾਮੁ ਕਰਤੇ ਅਸੰਖ ਅਗਣਤ ਹਰਿ ਧਿਆਵਏ॥	ਅ-ਗਣਤ,ਧਿਆਵ-ਏ	Sabh Chavehi Har Har Naam Karathae Asankh Aganath Har Dhhiaaveae ||	All chant the Name of the Creator Lord, Har, Har; countless, uncountable beings meditate on the Lord.	ਅਸੰਖਾਂ ਜੀਵ ਅਣਗਿਣਤ ਜੀਵ ਸਾਰੇ ਹੀ ਕਰਤਾਰ ਦਾ ਨਾਮ ਸਦਾ ਉਚਾਰ ਰਹੇ ਹਨ। (ਸਾਰੀ ਸ੍ਰਿਸ਼ਟੀ) ਹਰੀ ਦਾ ਨਾਮ ਸਿਮਰ ਰਹੀ ਹੈ।

47840	1115	ਸੋ ਧੰਨੁ ਧਨੁ ਹਰਿ ਸੰਤੁ ਸਾਧੂ ਜੋ ਹਰਿ ਪ੍ਰਭ ਕਰਤੇ ਭਾਵਏ॥		So Dhhann Dhhan Har Santh Saadhhoo Jo Har Prabh Karathae Bhaaveae ||	Blessed, blessed are those Saints and Holy People of the Lord, who are pleasing to the Creator Lord God.	ਹਰੀ ਦਾ ਉਹ ਸੰਤ ਹਰੀ ਦਾ ਉਹ ਸਾਧੂ ਧੰਨ ਹੈ ਧੰਨ ਹੈ, ਜਿਹੜਾ ਹਰਿ-ਪ੍ਰਭੂ ਨੂੰ ਜਿਹੜਾ ਕਰਤਾਰ ਨੂੰ ਪਿਆਰਾ ਲੱਗਦਾ ਹੈ।
47841	1115	ਸੋ ਸਫਲੁ ਦਰਸਨੁ ਦੇਹੁ ਕਰਤੇ ਜਿਸੁ ਹਰਿ ਹਿਰਦੈ ਨਾਮੁ ਸਦ ਚਵਿਆ॥		So Safal Dharasan Dhaehu Karathae Jis Har Hiradhai Naam Sadh Chaviaa ||	O Creator, please bless me with the Fruitful Vision, the Darshan, of those who chant the Lord's Name in their hearts forever.	ਹੇ ਕਰਤਾਰ! ਜਿਸ ਦੇ ਹਿਰਦੇ ਵਿਚ (ਤੂੰ ਵੱਸਦਾ ਹੈਂ), ਜੋ ਸਦਾ (ਤੇਰਾ) ਨਾਮ ਉਚਾਰਦਾ ਹੈ, ਉਹ ਮਨੁੱਖ ਕਾਮਯਾਬ (ਜੀਵਨ ਵਾਲਾ) ਹੈ, (ਮੈਨੂੰ ਉਸ ਦਾ) ਦਰਸਨ ਬਖ਼ਸ਼।
47842	1115	ਤੂ ਥਾਨ ਥਨੰਤਰਿ ਹਰਿ ਏਕੁ ਹਰਿ ਏਕੋ ਏਕੁ ਰਵਿਆ॥੩॥		Thoo Thhaan Thhananthar Har Eaek Har Eaeko Eaek Raviaa ||3||	You are the One Lord, the One and Only Lord, pervading all places and interspaces. ||3||	ਹੇ ਹਰੀ! ਹਰੇਕ ਥਾਂ ਵਿਚ ਇਕ ਤੂੰ ਹੀ ਤੂੰ ਮੌਜੂਦ ਹੈਂ ॥੩॥
47843	1115	ਤੇਰੀ ਭਗਤਿ ਭੰਡਾਰ ਅਸੰਖ ਜਿਸੁ ਤੂ ਦੇਵਹਿ ਮੇਰੇ ਸੁਆਮੀ ਤਿਸੁ ਮਿਲਹਿ॥		Thaeree Bhagath Bhanddaar Asankh Jis Thoo Dhaevehi Maerae Suaamee This Milehi ||	The treasures of devotional worship to You are countless; he alone is blessed with them, O my Lord and Master, whom You bless.	ਹੇ ਮੇਰੇ ਸੁਆਮੀ! (ਤੇਰੇ ਘਰ ਵਿਚ) ਤੇਰੀ ਭਗਤੀ ਦੇ ਬੇਅੰਤ ਖ਼ਜ਼ਾਨੇ ਭਰੇ ਪਏ ਹਨ, (ਪਰ ਇਹ ਖ਼ਜ਼ਾਨੇ) ਉਸ (ਮਨੁੱਖ) ਨੂੰ ਮਿਲਦੇ ਹਨ ਜਿਸ ਨੂੰ ਤੂੰ (ਆਪ) ਦੇਂਦਾ ਹੈਂ।

47844	1115	ਜਿਸ ਕੈ ਮਸਤਕਿ ਗੁਰ ਹਾਥੁ ਤਿਸੁ ਹਿਰਦੈ ਹਰਿ ਗੁਣ ਟਿਕਹਿ॥		Jis Kai Masathak Gur Haathh This Hiradhai Har Gun Ttikehi ||	The Lord's Glorious Virtues abide within the heart of that person, whose forehead the Guru has touched.	ਜਿਸ (ਮਨੁੱਖ) ਦੇ ਮੱਥੇ ਉਤੇ ਗੁਰੂ ਦਾ ਹੱਥ ਹੋਵੇ, ਉਸ ਦੇ ਹਿਰਦੇ ਵਿਚ ਪਰਮਾਤਮਾ ਦੇ ਗੁਣ ਟਿਕੇ ਰਹਿੰਦੇ ਹਨ।
47845	1115	ਹਰਿ ਗੁਣ ਹਿਰਦੈ ਟਿਕਹਿ ਤਿਸ ਕੈ ਜਿਸੁ ਅੰਤਰਿ ਭਉ ਭਾਵਨੀ ਹੋਈ॥		Har Gun Hiradhai Ttikehi This Kai Jis Anthar Bho Bhaavanee Hoee ||	The Glorious Virtues of the Lord dwell in the heart of that person, whose inner being is filled with the Fear of God, and His Love.	ਜਿਸ (ਮਨੁੱਖ) ਦੇ ਅੰਦਰ (ਪਰਮਾਤਮਾ ਦਾ) ਡਰ ਅਦਬ ਹੈ (ਪਰਮਾਤਮਾ ਵਾਸਤੇ) ਸਰਧਾ-ਪਿਆਰ ਹੈ, ਉਸ ਦੇ ਹਿਰਦੇ ਵਿਚ ਪਰਮਾਤਮਾ ਦੇ ਗੁਣ ਟਿਕੇ ਰਹਿੰਦੇ ਹਨ।
47846	1116	ਬਿਨੁ ਭੈ ਕਿਨੈ ਨ ਪ੍ਰੇਮੁ ਪਾਇਆ ਬਿਨੁ ਭੈ ਪਾਰਿ ਨ ਉਤਰਿਆ ਕੋਈ॥		Bin Bhai Kinai N Praem Paaeiaa Bin Bhai Paar N Outhariaa Koee ||	Without the Fear of God, His Love is not obtained. Without the Fear of God, no one is carried across to the other side.	ਪਰਮਾਤਮਾ ਦੇ ਡਰ-ਅਦਬ ਤੋਂ ਬਿਨਾ ਕਿਸੇ ਭੀ ਮਨੁੱਖ ਨੇ (ਪਰਮਾਤਮਾ ਦਾ) ਪ੍ਰੇਮ ਪ੍ਰਾਪਤ ਨਹੀਂ ਕੀਤਾ। ਕੋਈ ਭੀ ਮਨੁੱਖ (ਪਰਮਾਤਮਾ ਦੇ) ਡਰ-ਅਦਬ ਤੋਂ ਬਿਨਾ (ਇਸ ਸੰਸਾਰ-ਸਮੁੰਦਰ ਤੋਂ) ਪਾਰ ਨਹੀਂ ਲੰਘ ਸਕਿਆ (ਕੋਈ ਭੀ ਵਿਕਾਰਾਂ ਤੋਂ ਬਚ ਨਹੀਂ ਸਕਿਆ)।
47847	1116	ਭਉ ਭਾਉ ਪ੍ਰੀਤਿ ਨਾਨਕ ਤਿਸਹਿ ਲਾਗੈ ਜਿਸੁ ਤੂ ਆਪਣੀ ਕਿਰਪਾ ਕਰਹਿ॥		Bho Bhaao Preeth Naanak Thisehi Laagai Jis Thoo Aapanee Kirapaa Karehi ||	O Nanak, he alone is blessed with the Fear of God, and God's Love and Affection, whom You, Lord, bless with Your Mercy.	ਹੇ ਨਾਨਕ! ਉਸੇ ਮਨੁੱਖ ਦੇ ਹਿਰਦੇ ਵਿਚ ਤੇਰਾ ਡਰ-ਅਦਬ ਤੇਰਾ ਪ੍ਰੇਮ-ਪਿਆਰ ਪੈਦਾ ਹੁੰਦਾ ਹੈ ਜਿਸ ਉੱਤੇ ਆਪਣੀ ਮਿਹਰ ਕਰਦਾ ਹੈਂ।

47848	1116	ਤੇਰੀ ਭਗਤਿ ਭੰਡਾਰ ਅਸੰਖ ਜਿਸੁ ਤੂ ਦੇਵਹਿ ਮੇਰੇ ਸੁਆਮੀ ਤਿਸੁ ਮਿਲਹਿ॥੪॥੩॥		Thaeree Bhagath Bhanddaar Asankh Jis Thoo Dhaevehi Maerae Suaamee This Milehi ||4||3||	The treasures of devotional worship to You are countless; he alone is blessed with Them, O my Lord and Master, whom You bless. ||4||3||	ਹੇ ਮੇਰੇ ਸੁਆਮੀ! (ਤੇਰੇ ਘਰ ਵਿਚ) ਤੇਰੇ ਭਗਤੀ ਦੇ ਬੇਅੰਤ ਖ਼ਜ਼ਾਨੇ ਭਰੇ ਪਏ ਹਨ, (ਪਰ ਇਹ ਖ਼ਜ਼ਾਨੇ) ਉਸ (ਮਨੁੱਖ) ਨੂੰ ਮਿਲਦੇ ਹਨ ਜਿਸ ਨੂੰ ਤੂੰ (ਆਪ) ਦੇਂਦਾ ਹੈਂ ॥੪॥੩॥
47849	1116	ਤੁਖਾਰੀ ਮਹਲਾ ੪॥		Thukhaaree Mehalaa 4 ||	Tukhaari, Fourth Mehl:	
47850	1116	ਨਾਵਣੁ ਪੁਰਬੁ ਅਭੀਚੁ ਗੁਰ ਸਤਿਗੁਰ ਦਰਸੁ ਭਇਆ॥	ਨ੍ਹਾਵਣੁ। (ਅ-ਭੀਚੁ) ਅਭੀਜਿੱਤ ਨਿਛੱਤ੍ਰ	Naavan Purab Abheech Gur Sathigur Dharas Bhaeiaa ||	To receive the Blessed Vision of the Darshan of the Guru, the True Guru, is to truly bathe at the Abhaijit festival.	(ਜਿਸ ਮਨੁੱਖ ਨੂੰ) ਗੁਰੂ ਦਾ ਸਤਿਗੁਰੂ ਦਾ ਦਰਸ਼ਨ ਹੋ ਗਿਆ, (ਇਹ ਗੁਰ-ਦਰਸ਼ਨ ਉਸ ਮਨੁੱਖ ਵਾਸਤੇ) ਤੀਰਥ-ਇਸ਼ਨਾਨ ਹੈ, (ਉਸ ਮਨੁੱਖ ਵਾਸਤੇ) ਅਭੀਚ (ਨਛੱਤ੍ਰ ਦਾ) ਪਵਿੱਤਰ ਦਿਹਾੜਾ ਹੈ।
47851	1116	ਦੁਰਮਤਿ ਮੈਲੁ ਹਰੀ ਅਗਿਆਨੁ ਅੰਧੇਰੁ ਗਇਆ॥		Dhuramath Mail Haree Agiaan Andhhaer Gaeiaa ||	The filth of evil-mindedness is washed off, and the darkness of ignorance is dispelled.	(ਗੁਰੂ ਦੇ ਦਰਸਨ ਦੀ ਬਰਕਤਿ ਨਾਲ ਉਸ ਮਨੁੱਖ ਦੀ) ਖੋਟੀ ਮੱਤ ਦੀ ਮੈਲ ਕੱਟੀ ਜਾਂਦੀ ਹੈ, (ਉਸ ਮਨੁੱਖ ਦੇ ਅੰਦਰੋਂ) ਆਤਮਕ ਜੀਵਨ ਵਲੋਂ ਬੇਸਮਝੀ ਵਾਲਾ ਹਨੇਰਾ ਦੂਰ ਹੋ ਜਾਂਦਾ ਹੈ।

47852	1116	ਗੁਰ ਦਰਸੁ ਪਾਇਆ ਅਗਿਆਨੁ ਗਵਾਇਆ ਅੰਤਰਿ ਜੋਤਿ ਪ੍ਰਗਾਸੀ॥		Gur Dharas Paaeiaa Agiaan Gavaaeiaa Anthar Joth Pragaasee ||	Blessed by the Guru's Darshan, spiritual ignorance is dispelled, and the Divine Light illuminates the inner being.	(ਜਿਸ ਮਨੁੱਖ ਨੇ) ਗੁਰੂ ਦਾ ਦਰਸਨ ਕਰ ਲਿਆ, (ਉਸ ਨੇ ਆਪਣੇ ਅੰਦਰੋਂ) ਅਗਿਆਨ (-ਹਨੇਰਾ) ਦੂਰ ਕਰ ਲਿਆ, ਉਸ ਦੇ ਅੰਦਰ ਪਰਮਾਤਮਾ ਦੀ ਜੋਤਿ ਨੇ ਆਪਣਾ ਪਰਕਾਸ਼ ਕਰ ਦਿੱਤਾ।
47853	1116	ਜਨਮ ਮਰਣ ਦੁਖ ਖਿਨ ਮਹਿ ਬਿਨਸੇ ਹਰਿ ਪਾਇਆ ਪ੍ਰਭੁ ਅਬਿਨਾਸੀ॥		Janam Maran Dhukh Khin Mehi Binasae Har Paaeiaa Prabh Abinaasee ||	The pains of birth and death vanish in an instant, and the Eternal, Imperishable Lord God is found.	(ਗੁਰੂ ਦੇ ਦਰਸਨ ਦੀ ਬਰਕਤਿ ਨਾਲ ਉਸ ਮਨੁੱਖ ਨੇ) ਅਬਿਨਾਸ਼ੀ ਪ੍ਰਭੂ (ਦਾ ਮਿਲਾਪ) ਹਾਸਲ ਕਰ ਲਿਆ, ਉਸ ਮਨੁੱਖ ਦੇ ਜਨਮ ਤੋਂ ਮਰਨ ਤਕ ਦੇ ਸਾਰੇ ਦੁੱਖ ਨਾਸ ਹੋ ਗਏ।
47854	1116	ਹਰਿ ਆਪਿ ਕਰਤੈ ਪੁਰਬੁ ਕੀਆ ਸਤਿਗੁਰੂ ਕੁਲਖੇਤਿ ਨਾਵਣਿ ਗਇਆ॥	(ਕੁਲਖੇਤਿ) ਕੁਰਛੇਤ੍ਰ, ਨ੍ਹਾਵਣਿ	Har Aap Karathai Purab Keeaa Sathiguroo Kulakhaeth Naavan Gaeiaa ||	The Creator Lord God Himself created the festival, when the True Guru went to bathe at the festival in Kuruk-shaytra.	ਗੁਰੂ (ਅਮਰਦਾਸ ਅਭੀਚ ਪੁਰਬ ਦੇ) ਤੀਰਥ-ਇਸ਼ਨਾਨ (ਦੇ ਸਮੇ) ਤੇ ਕੁਲਖੇਤ ਤੇ ਗਿਆ, ਹਰੀ ਨੇ ਕਰਤਾਰ ਨੇ ਆਪ (ਗੁਰੂ ਦੇ ਜਾਣ ਦੇ ਇਸ ਉੱਦਮ ਨੂੰ ਉਥੇ ਇਕੱਠੇ ਹੋਏ ਲੋਕਾਂ ਵਾਸਤੇ) ਪਵਿੱਤਰ ਦਿਹਾੜਾ ਬਣਾ ਦਿੱਤਾ।

47855	1116	ਨਾਵਣੁ ਪੁਰਬੁ ਅਭੀਚੁ ਗੁਰ ਸਤਿਗੁਰ ਦਰਸੁ ਭਇਆ॥੧॥		Naavan Purab Abheech Gur Sathigur Dharas Bhaeiaa ||1||	To receive the Blessed Vision of the Darshan of the Guru, the True Guru, is to truly bathe at the Abhaijit festival. ||1||	(ਜਿਸ ਮਨੁੱਖ ਨੂੰ) ਗੁਰੂ ਦਾ ਸਤਿਗੁਰੂ ਦਾ ਦਰਸਨ ਹੋ ਗਿਆ, (ਇਹ ਗੁਰ-ਦਰਸਨ ਉਸ ਮਨੁੱਖ ਵਾਸਤੇ) ਤੀਰਥ-ਇਸ਼ਨਾਨ ਹੈ, (ਉਸ ਮਨੁੱਖ ਵਾਸਤੇ) ਅਭੀਚ (ਨਛੱਤ੍ਰ ਦਾ) ਪਵਿੱਤਰ ਦਿਹਾੜਾ ਹੈ ॥੧॥
47856	1116	ਮਾਰਗਿ ਪੰਥਿ ਚਲੇ ਗੁਰ ਸਤਿਗੁਰ ਸੰਗਿ ਸਿਖਾ॥	ਚੱਲੇ। ਸਿੱਖਾਂ	Maarag Panthh Chalae Gur Sathigur Sang Sikhaa ||	The Sikhs travelled with the Guru, the True Guru, on the path, along the road.	ਅਨੇਕਾਂ ਸਿੱਖ ਗੁਰੂ (ਅਮਰਦਾਸ ਜੀ) ਦੇ ਨਾਲ ਉਸ ਲੰਮੇ ਪੈਂਡੇ ਵਿਚ ਗਏ।
47857	1116	ਅਨ ਦਿਨੁ ਭਗਤਿ ਬਣੀ ਖਿਨੁ ਖਿਨੁ ਨਿਮਖ ਵਿਖਾ॥	ਵਿਖਾ: ਪੋਲਾ ਬੋਲੋ	Anadhin Bhagath Banee Khin Khin Nimakh Vikhaa ||	Night and day, devotional worship services were held, each and every instant, with each step.	ਹਰੇਕ ਖਿਨ, ਨਿਮਖ ਨਿਮਖ, ਕਦਮ ਕਦਮ ਤੇ ਹਰ ਰੋਜ਼ ਪਰਮਾਤਮਾ ਦੀ ਭਗਤੀ (ਦਾ ਅਵਸਰ) ਬਣਿਆ ਰਹਿੰਦਾ ਸੀ।
47858	1116	ਹਰਿ ਹਰਿ ਭਗਤਿ ਬਣੀ ਪ੍ਰਭ ਕੇਰੀ ਸਭੁ ਲੋਕੁ ਵੇਖਣਿ ਆਇਆ॥		Har Har Bhagath Banee Prabh Kaeree Sabh Lok Vaekhan Aaeiaa ||	Devotional worship services to the Lord God were held, and all the people came to see the Guru.	(ਉਸ ਸਾਰੇ ਪੈਂਡੇ ਵਿਚ) ਸਦਾ ਪਰਮਾਤਮਾ ਦੀ ਭਗਤੀ ਦਾ ਉੱਦਮ ਬਣਿਆ ਰਹਿੰਦਾ ਸੀ, ਬਹੁਤ ਲੁਕਾਈ (ਗੁਰੂ ਦਾ) ਦਰਸਨ ਕਰਨ ਆਉਂਦੀ ਸੀ।

47859	1116	ਜਿਨ ਦਰਸੁ ਸਤਿਗੁਰ ਗੁਰੂ ਕੀਆ ਤਿਨ ਆਪਿ ਹਰਿ ਮੇਲਾਇਆ॥		Jin Dharas Sathigur Guroo Keeaa Thin Aap Har Maelaaeiaa ||	Whoever was blessed with the Darshan of the Guru, the True Guru, the Lord united with Himself.	ਜਿਨ੍ਹਾਂ (ਵਡਭਾਗੀ ਮਨੁੱਖਾਂ) ਨੇ ਗੁਰੂ ਦਾ ਦਰਸਨ ਕੀਤਾ, ਪਰਮਾਤਮਾ ਨੇ ਆਪ ਉਹਨਾਂ ਨੂੰ (ਆਪਣੇ ਚਰਨਾਂ ਵਿਚ) ਜੋੜ ਲਿਆ (ਭਾਵ, ਜਿਹੜੇ ਮਨੁੱਖ ਗੁਰੂ ਦਾ ਦਰਸਨ ਕਰਦੇ ਹਨ, ਉਹਨਾਂ ਨੂੰ ਪਰਮਾਤਮਾ ਆਪਣੇ ਨਾਲ ਮਿਲਾ ਲੈਂਦਾ ਹੈ)।
47860	1116	ਤੀਰਥ ਉਦਮੁ ਸਤਿਗੁਰੂ ਕੀਆ ਸਭ ਲੋਕ ਉਧਰਣ ਅਰਥਾ॥	ਔਗਣਾਂ ਤੋਂ (ਉ-ਧਰਣ) ਤਾਰਨ ਲਈ	Theerathh Oudham Sathiguroo Keeaa Sabh Lok Oudhharan Arathhaa ||	The True Guru made the pilgrimage to the sacred shrines, for the sake of saving all the people.	(ਤੀਰਥਾਂ ਉਤੇ ਇਕੱਠੀ ਹੋਈ) ਸਾਰੀ ਲੁਕਾਈ ਨੂੰ (ਗ਼ਲਤ ਰਸਤੇ ਤੋਂ) ਬਚਾਣ ਲਈ ਸਤਿਗੁਰੂ ਨੇ ਤੀਰਥਾਂ ਉਤੇ ਜਾਣ ਦਾ ਉੱਦਮ ਕੀਤਾ ਸੀ।
47861	1116	ਮਾਰਗਿ ਪੰਥਿ ਚਲੇ ਗੁਰ ਸਤਿਗੁਰ ਸੰਗਿ ਸਿਖਾ॥੨॥	ਸਿੱਖਾਂ	Maarag Panthh Chalae Gur Sathigur Sang Sikhaa ||2||	The Sikhs travelled with the Guru, the True Guru, on the path, along the road. ||2||	ਸਤਿਗੁਰੂ ਦੇ ਨਾਲ ਅਨੇਕਾਂ ਸਿੱਖ ਉਸ ਲੰਮੇ ਪੈਂਡੇ ਵਿਚ ਗਏ (ਸਨ) ॥੨॥
47862	1116	ਪ੍ਰਥਮ ਆਏ ਕੁਲਖੇਤਿ ਗੁਰ ਸਤਿਗੁਰ ਪੁਰਬੁ ਹੋਆ॥		Prathham Aaeae Kulakhaeth Gur Sathigur Purab Hoaa ||	When the Guru, the True Guru, first arrived at Kuruk-shaytra, it was a very auspicious time.	ਗੁਰੂ (ਅਮਰਦਾਸ) ਜੀ ਪਹਿਲਾਂ ਕੁਲਖੇਤ (ਕੁਰੂਖੇਤ੍ਰ) ਤੇ ਪਹੁੰਚੇ। (ਉਥੋਂ ਦੇ ਲੋਕਾਂ ਵਾਸਤੇ ਉਹ ਦਿਨ) ਗੁਰੂ ਸਤਿਗੁਰੂ ਨਾਲ ਸੰਬੰਧ ਰੱਖਣ ਵਾਲਾ ਪਵਿੱਤਰ ਦਿਨ ਬਣ ਗਿਆ।

47863	1116	ਖਬਰਿ ਭਈ ਸੰਸਾਰਿ ਆਏ ਤ੍ਰै ਲੋਆ॥		Khabar Bhee Sansaar Aaeae Thrai Loaa ||	The news spread throughout the world, and the beings of the three worlds came.	ਸੰਸਾਰ ਵਿਚ (ਭਾਵ, ਦੂਰ ਦੂਰ ਤਕ) (ਸਤਿਗੁਰੂ ਜੀ ਦੇ ਕੁਲੇਖਤ ਆਉਣ ਦੀ) ਖ਼ਬਰ ਹੋ ਗਈ, ਬੇਅੰਤ ਲੋਕ (ਦਰਸਨ ਕਰਨ ਲਈ) ਆ ਗਏ।
47864	1116	ਦੇਖਣਿ ਆਏ ਤੀਨਿ ਲੋਕ ਸੁਰਿ ਨਰ ਮੁਨਿ ਜਨ ਸਭਿ ਆਇਆ॥		Dhaekhan Aaeae Theen Lok Sur Nar Mun Jan Sabh Aaeiaa ||	The angelic beings and silent sages from all the three worlds came to see Him.	(ਗੁਰੂ ਅਮਰਦਾਸ ਜੀ ਦਾ) ਦਰਸਨ ਕਰਨ ਲਈ ਬਹੁਤ ਲੋਕ ਆ ਪਹੁੰਚੇ। ਦੈਵੀ ਸੁਭਾਵ ਵਾਲੇ ਮਨੁੱਖ, ਰਿਸ਼ੀ ਸੁਭਾਵ ਵਾਲੇ ਮਨੁੱਖ ਬਹੁਤ ਆ ਇਕੱਠੇ ਹੋਏ।
47865	1116	ਜਿਨ ਪਰਸਿਆ ਗੁਰੁ ਸਤਿਗੁਰੂ ਪੂਰਾ ਤਿਨ ਕੇ ਕਿਲਵਿਖ ਨਾਸ ਗਵਾਇਆ॥		Jin Parasiaa Gur Sathiguroo Pooraa Thin Kae Kilavikh Naas Gavaaeiaa ||	Those who are touched by the Guru, the True Guru - all their sins and mistakes were erased and dispelled.	ਜਿਨ੍ਹਾਂ (ਵਡਭਾਗੀ ਮਨੁੱਖਾਂ) ਨੇ ਪੂਰੇ ਗੁਰੂ ਸਤਿਗੁਰੂ ਦਾ ਦਰਸਨ ਕੀਤਾ, ਉਹਨਾਂ ਦੇ (ਪਿਛਲੇ ਸਾਰੇ) ਪਾਪ ਨਾਸ ਹੋ ਗਏ।
47866	1116	ਜੋਗੀ ਦਿਗੰਬਰ ਸੰਨਿਆਸੀ ਖਟੁ ਦਰਸਨ ਕਰਿ ਗਏ ਗੋਸਟਿ ਢੋਆ॥	ਖਟੁ: ਪੋਲਾ ਬੋਲੋ। ਢੋਆ ਮਿਲਾਪ, ਆਸਰਾ ਲਿਆ	Jogee Dhiganbar Sanniaasee Khatt Dharasan Kar Geae Gosatt Dtoaa ||	The Yogis, the nudists, the Sannyaasees and those of the six schools of philosophy spoke with Him, and then bowed and departed.	ਜੋਗੀ, ਨਾਂਗੇ, ਸੰਨਿਆਸੀ (ਸਾਰੇ ਹੀ) ਛੇ ਭੇਖਾਂ ਦੇ ਸਾਧੂ (ਦਰਸਨ ਕਰਨ ਆਏ)। ਕਈ ਕਿਸਮ ਦੀ ਪਰਸਪਰ ਸ਼ੁਭ ਵਿਚਾਰ (ਉਹ ਸਾਧੂ ਲੋਕ ਆਪਣੇ ਵੱਲੋਂ ਗੁਰੂ ਦੇ ਦਰ ਤੇ) ਭੇਟਾ ਪੇਸ਼ ਕਰ ਕੇ ਗਏ।

47867	1116	ਪ੍ਰਥਮ ਆਏ ਕੁਲਖੇਤਿ ਗੁਰ ਸਤਿਗੁਰ ਪੁਰਬੁ ਹੋਆ॥੩॥		Prathham Aaeae Kulakhaeth Gur Sathigur Purab Hoaa ||3||	When the Guru, the True Guru, first arrived at Kuruk-shaytra, it was a very auspicious time. ||3||	ਗੁਰੂ (ਅਮਰਦਾਸ) ਜੀ ਪਹਿਲਾਂ ਕੁਲਖੇਤ (ਕੁਰੂਖੇਤ੍ਰ) ਤੇ ਪਹੁੰਚੇ। (ਉਥੋਂ ਦੇ ਲੋਕਾਂ ਵਾਸਤੇ ਉਹ ਦਿਨ) ਗੁਰੂ ਸਤਿਗੁਰੂ ਨਾਲ ਸੰਬੰਧ ਰੱਖਣ ਵਾਲਾ ਪਵਿੱਤਰ ਦਿਨ ਬਣ ਗਿਆ ॥੩॥
47868	1116	ਦੁਤੀਆ ਜਮੁਨ ਗਏ ਗੁਰਿ ਹਰਿ ਹਰਿ ਜਪਨੁ ਕੀਆ॥	(ਦੁਤੀਆ) ਦੂਜੇ ਤੀਰਥ ਤੇ	Dhutheeaa Jamun Geae Gur Har Har Japan Keeaa ||	Second, the Guru went to the river Jamunaa, where He chanted the Name of the Lord, Har, Har.	ਫਿਰ (ਗੁਰੂ ਅਮਰਦਾਸ ਜੀ) ਜਮੁਨਾ ਨਦੀ ਤੇ ਪਹੁੰਚੇ। ਸਤਿਗੁਰੂ ਜੀ ਨੇ (ਉਥੇ ਭੀ) ਪਰਮਾਤਮਾ ਦਾ ਨਾਮ ਹੀ ਜਪਿਆ-ਜਪਾਇਆ।
47869	1116	ਜਾਗਾਤੀ ਮਿਲੇ ਦੇ ਭੇਟ ਗੁਰ ਪਿਛੈ ਲੰਘਾਇ ਦੀਆ॥	(ਜਾਗਾਤੀ) ਮਸੂਲੀਏ	Jaagaathee Milae Dhae Bhaett Gur Pishhai Langhaae Dheeaa ||	The tax collectors met the Guru and gave Him offerings; they did not impose the tax on His followers.	(ਜਾਤ੍ਰੀਆਂ ਪਾਸੋਂ) ਸਰਕਾਰੀ ਮਸੂਲ ਉਗਰਾਹੁਣ ਵਾਲੇ ਭੀ ਭੇਟਾ ਰੱਖ ਕੇ (ਸਤਿਗੁਰੂ ਜੀ ਨੂੰ) ਮਿਲੇ। ਆਪਣੇ ਆਪ ਨੂੰ ਗੁਰੂ ਦਾ ਸਿੱਖ ਆਖਣ ਵਾਲੇ ਸਭਨਾਂ ਨੂੰ (ਉਹਨਾਂ ਮਸੂਲੀਆਂ ਨੇ ਬਿਨਾ ਮਸੂਲ ਲਏ) ਪਾਰ ਲੰਘਾ ਦਿੱਤਾ।
47870	1116	ਸਭ ਛੁਟੀ ਸਤਿਗੁਰੂ ਪਿਛੈ ਜਿਨਿ ਹਰਿ ਹਰਿ ਨਾਮੁ ਧਿਆਇਆ॥	ਛੁੱਟੀ	Sabh Shhuttee Sathiguroo Pishhai Jin Har Har Naam Dhhiaaeiaa ||	All the True Guru's followers were excused from the tax; they meditated on the Name of the Lord, Har, Har.	ਗੁਰੂ ਦੇ ਪਿੱਛੇ ਤੁਰਨ ਵਾਲੀ ਸਾਰੀ ਲੁਕਾਈ ਮਸੂਲ ਭਰਨ ਤੋਂ ਬਚ ਗਈ। (ਇਸੇ ਤਰ੍ਹਾਂ) ਜਿਸ ਜਿਸ ਨੇ ਪਰਮਾਤਮਾ ਦਾ ਨਾਮ ਸਿਮਰਿਆ,

47871	1116	ਗੁਰ ਬਚਨਿ ਮਾਰਗਿ ਜੋ ਪੰਥਿ ਚਾਲੇ ਤਿਨ ਜਮੁ ਜਾਗਾਤੀ ਨੇੜਿ ਨ ਆਇਆ॥		Gur Bachan Maarag Jo Panthh Chaalae Thin Jam Jaagaathee Naerr N Aaeiaa ||	The Messenger of Death does not even approach those who have walked on the path, and followed the Guru's Teachings.	ਜਿਹੜੇ ਮਨੁੱਖ ਗੁਰੂ ਦੇ ਬਚਨ ਉੱਤੇ ਤੁਰਦੇ ਹਨ, ਗੁਰੂ ਦੇ ਦੱਸੇ ਰਸਤੇ ਉਤੇ ਤੁਰਦੇ ਹਨ, ਜਮਰਾਜ ਮਸੂਲੀਆ (ਵੀ) ਉਹਨਾਂ ਦੇ ਨੇੜੇ ਨਹੀਂ ਆਉਂਦਾ। (ਜਿਹੜੀ) ਲੁਕਾਈ ਗੁਰੂ ਦਾ ਆਸਰਾ ਲੈਂਦੀ ਹੈ, (ਜਮਰਾਜ ਮਸੂਲੀਆ ਉਸ ਦੇ ਨੇੜੇ ਨਹੀਂ ਆਉਂਦਾ)।
47872	1116	ਸਭ ਗੁਰੂ ਗੁਰੂ ਜਗਤੁ ਬੋਲੈ ਗੁਰ ਕੈ ਨਾਇ ਲਇਐ ਸਭਿ ਛੁਟਕਿ ਗਇਆ॥	ਜੱਗਤੁ	Sabh Guroo Guroo Jagath Bolai Gur Kai Naae Laeiai Sabh Shhuttak Gaeiaa ||	All the world said, "Guru! Guru! Guru!" Uttering the Guru's Name, they were all emancipated.	ਜੇ ਗੁਰੂ ਦਾ ਨਾਮ ਲਿਆ ਜਾਏ (ਜੇ ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਜਪਿਆ ਜਾਏ) ਤਾਂ (ਨਾਮ ਲੈਣ ਵਾਲੇ) ਸਾਰੇ (ਜਮ ਜਾਗਾਤੀ ਦੀ ਧੌਂਸ ਤੋਂ) ਬਚ ਜਾਂਦੇ ਹਨ।
47873	1116	ਦੁਤੀਆ ਜਮੁਨ ਗਏ ਗੁਰਿ ਹਰਿ ਹਰਿ ਜਪਨੁ ਕੀਆ॥੪॥		Dhutheeaa Jamun Geae Gur Har Har Japan Keeaa ||4||	Second, the Guru went to the river Jamunaa, where He chanted the Name of the Lord, Har, Har. ||4||	ਫਿਰ (ਗੁਰੂ ਅਮਰਦਾਸ ਜੀ) ਜਮੁਨਾ ਨਦੀ ਤੇ ਪਹੁੰਚੇ। ਸਤਿਗੁਰੂ ਜੀ ਨੇ (ਉਥੇ ਭੀ) ਪਰਮਾਤਮਾ ਦਾ ਨਾਮ ਹੀ ਜਪਿਆ-ਜਪਾਇਆ ॥੪॥
47874	1116	ਤ੍ਰਿਤੀਆ ਆਏ ਸੁਰਸਰੀ ਤਹ ਕਉਤਕੁ ਚਲਤੁ ਭਇਆ॥		Thritheeaa Aaeae Surasaree Theh Kouthak Chalath Bhaeiaa ||	Third, He went to the Ganges, and a wonderful drama was played out there.	(ਦੋ ਤੀਰਥਾਂ ਤੇ ਹੋ ਕੇ ਸਤਿਗੁਰੂ ਅਮਰਦਾਸ ਜੀ) ਤੀਜੇ ਥਾਂ ਗੰਗਾ ਪਹੁੰਚੇ। ਉਥੇ ਇਕ ਅਜਬ ਤਮਾਸ਼ਾ ਹੋਇਆ।

47875	1116	ਸਭ ਮੋਹੀ ਦੇਖਿ ਦਰਸਨੁ ਗੁਰ ਸੰਤ ਕਿਨੈ ਆਢੁ ਨ ਦਾਮੁ ਲਇਆ॥	(ਆਢੁ) ਅੱਧੀ ਦਾਮੁ ਦਮੜੀ	Sabh Mohee Dhaekh Dharasan Gur Santh Kinai Aadt N Dhaam Laeiaa ||	All were fascinated, gazing upon the Blessed Vision of the Saintly Guru's Darshan; no tax at all was imposed upon anyone.	ਸੰਤ-ਗੁਰੂ (ਅਮਰਦਾਸ ਜੀ) ਦਾ ਦਰਸਨ ਕਰ ਕੇ ਸਾਰੀ ਲੁਕਾਈ ਮਸਤ ਹੋ ਗਈ। ਕਿਸੇ (ਭੀ ਮਸੂਲੀਏ) ਨੇ (ਕਿਸੇ ਭੀ ਜਾਤ੍ਰੂ ਪਾਸੋਂ) ਅੱਧੀ ਕੌਡੀ (ਮਸੂਲ ਭੀ) ਵਸੂਲ ਨਾਹ ਕੀਤਾ।
47876	1116	ਆਢੁ ਦਾਮੁ ਕਿਛੁ ਪਇਆ ਨ ਬੋਲਕ ਜਾਗਾਤੀਆ ਮੋਹਣ ਮੁੰਦਣਿ ਪਈ॥	(ਬੋਲਕ) ਗੋਲਕ। (ਮੋਹਣ) ਪੂਰਨ ਗੁਰੂ ਜੀ ਦੇ ਦਰਸ਼ਨ ਕਰਕੇ, (ਮੁੰਦਣਿ) ਚੁੱਪ, (ਪਈ) ਪੈ ਗਈ	Aadt Dhaam Kishh Paeiaa N Bolak Jaagaatheeaa Mohan Mundhan Pee ||	No tax at all was collected, and the mouths of the tax collectors were sealed.	(ਮਸੂਲੀਆਂ ਦੀਆਂ) ਗੋਲਕਾਂ ਵਿਚ ਅੱਧੀ ਕੌਡੀ ਭੀ ਮਸੂਲ ਨਾਹ ਪਿਆ। ਮਸੂਲੀਏ ਇਉਂ ਹੈਰਾਨ ਜਿਹੇ ਹੋ ਕੇ ਬੋਲਣ ਜੋਗੇ ਨਾਹ ਰਹੇ,
47877	1116	ਭਾਈ ਹਮ ਕਰਹ ਕਿਆ ਕਿਸੁ ਪਾਸਿ ਮਾਂਗਹ ਸਭ ਭਾਗਿ ਸਤਿਗੁਰ ਪਿਛੈ ਪਈ॥		Bhaaee Ham Kareh Kiaa Kis Paas Maangeh Sabh Bhaag Sathigur Pishhai Pee ||	They said, ""O brothers, what should we do? Who should we ask? Everyone is running after the True Guru.""	(ਆਖਣ ਲੱਗੇ)- ਹੇ ਭਾਈ! ਅਸੀਂ (ਹੁਣ) ਕੀਹ ਕਰੀਏ? ਅਸੀਂ ਕਿਸ ਪਾਸੋਂ (ਮਸੂਲ) ਮੰਗੀਏ? ਇਹ ਸਾਰੀ ਹੀ ਲੁਕਾਈ ਭੱਜ ਕੇ ਗੁਰੂ ਦੀ ਸਰਨ ਜਾ ਪਈ ਹੈ (ਤੇ, ਜਿਹੜੇ ਆਪਣੇ ਆਪ ਨੂੰ ਗੁਰੂ ਦਾ ਸਿੱਖ ਦੱਸ ਰਹੇ ਹਨ, ਉਹਨਾਂ ਪਾਸੋਂ ਅਸੀਂ ਮਸੂਲ ਲੈ ਨਹੀਂ ਸਕਦੇ)।

47878	1117	ਜਾਗਾਤੀਆ ਉਪਾਵ ਸਿਆਣਪ ਕਰਿ ਵੀਚਾਰੁ ਡਿਠਾ ਭੰਨਿ ਬੋਲਕਾ ਸਭਿ ਉਠਿ ਗਇਆ॥		Jaagaatheeaa Oupaav Siaanap Kar Veechaar Ddithaa Bhann Bolakaa Sabh Outh Gaeiaa ||	The tax collectors were smart; they thought about it, and saw. They broke their cash-boxes and left.	ਮਸੂਲੀਆਂ ਨੇ ਕਈ ਹੀਲੇ ਸੋਚੇ, ਕਈ ਸੋਚਾਂ ਸੋਚੀਆਂ, (ਆਖ਼ਿਰ ਉਹਨਾਂ ਨੇ) ਵਿਚਾਰ ਕਰ ਕੇ ਵੇਖ ਲਿਆ (ਕਿ ਮਸੂਲ ਉਗਰਾਹੁਣ ਵਿਚ ਸਾਡੀ ਪੇਸ਼ ਨਹੀਂ ਜਾ ਸਕਦੀ), ਆਪਣੀਆਂ ਗੋਲਕਾਂ ਬੰਦ ਕਰ ਕੇ ਉਹ ਸਾਰੇ ਉੱਠ ਕੇ ਚਲੇ ਗਏ।
47879	1117	ਤ੍ਰਿਤੀਆ ਆਏ ਸੁਰਸਰੀ ਤਹ ਕਉਤਕੁ ਚਲਤੁ ਭਇਆ॥੫॥		Thritheeaa Aaeae Surasaree Theh Kouthak Chalath Bhaeiaa ||5||	Third, He went to the Ganges, and a wonderful drama was played out there. ||5||	(ਦੋ ਤੀਰਥਾਂ ਤੇ ਹੋ ਕੇ ਸਤਿਗੁਰੂ ਅਮਰਦਾਸ ਜੀ) ਤੀਜੇ ਥਾਂ ਗੰਗਾ ਪਹੁੰਚੇ। ਉਥੇ ਇਹ ਅਜਬ ਤਮਾਸ਼ਾ ਹੋਇਆ ॥੫॥
47880	1117	ਮਿਲਿ ਆਏ ਨਗਰ ਮਹਾ ਜਨਾ ਗੁਰ ਸਤਿਗੁਰ ਓਟ ਗਹੀ॥	ਨੱਗਰ	Mil Aaeae Nagar Mehaa Janaa Gur Sathigur Outt Gehee ||	The important men of the city met together, and sought the Protection of the Guru, the True Guru.	ਨਗਰ ਦੇ ਤੁਰਨੇ-ਸਿਰ ਮਨੁੱਖ ਮਿਲ ਕੇ (ਗੁਰੂ ਅਮਰਦਾਸ ਜੀ ਦੇ ਕੋਲ) ਆਏ। (ਉਹਨਾਂ) ਗੁਰੂ ਦੀ ਓਟ ਲਈ, ਸਤਿਗੁਰੂ ਦਾ ਪੱਲਾ ਫੜਿਆ।
47881	1117	ਗੁਰੁ ਸਤਿਗੁਰੁ ਗੁਰੁ ਗੋਵਿਦੁ ਪੁਛਿ ਸਿਮ੍ਰਿਤਿ ਕੀਤਾ ਸਹੀ॥	ਸਿਮ-ਰ੍ਿਤਿ: ਮ ਮੁਕਤਾ, ਅੱਧੇ ਰਾਰੇ੍ ਸਿਹਾਰੀ ਲਾ ਕੇ,: ਪੋਲਾ ਬੋਲੋ , ਤੱਤੇ ਸਿਹਾਰੀ ਲਾਉ	Gur Sathigur Gur Govidh Pushh Simrith Keethaa Sehee ||	The Guru, the True Guru, the Guru is the Lord of the Universe. Go ahead and consult the Simritees - they will confirm this.	(ਗੁਰੂ ਪਾਸੋਂ) ਪੁੱਛ ਕੇ ਉਹਨਾਂ ਪੰਚਾਂ ਨੇ ਇਹ ਨਿਰਨਾ ਕਰ ਲਿਆ ਕਿ 'ਗੁਰੂ ਸਤਿਗੁਰੂ' 'ਗੁਰੁ ਗੋਵਿੰਦ' ਨੂੰ (ਹਿਰਦੇ ਵਿਚ ਵਸਾਣਾ ਹੀ ਅਸਲ) ਸਿਮ੍ਰਿਤੀ ਹੈ।

47882	1117	ਸਿਮ੍ਰਿਤਿ ਸਾਸਤ੍ਰ ਸਭਨੀ ਸਹੀ ਕੀਤਾ ਸੁਕਿ ਪ੍ਰਹਿਲਾਦਿ ਸ੍ਰੀ ਰਾਮ ਕਰਿ ਗੁਰ ਗੋਵਿਦੁ ਧਿਆਇਆ॥		Simrith Saasathr Sabhanee Sehee Keethaa Suk Prehilaadh Sreeraam Kar Gur Govidh Dhhiaaeiaa ||	The Simritees and the Shaastras all confirm that Suk Dayv and Prahlaad meditated on the Guru, the Lord of the Universe, and knew Him as the Supreme Lord.	ਉਹਨਾਂ ਸਾਰੇ ਮਹਾਂ ਜਨਾਂ ਨੇ (ਗੁਰੂ ਪਾਸੋਂ ਪੁੱਛ ਕੇ) ਇਹ ਨਿਰਨਾ ਕਰ ਲਿਆ (ਕਿ ਜਿਵੇਂ) ਸੁਕਦੇਵ ਨੇ ਪ੍ਰਹਿਲਾਦ ਨੇ ਸ੍ਰੀ ਰਾਮ ਚੰਦਰ ਨੇ 'ਗੋਵਿੰਦ, ਗੋਵਿੰਦ' ਆਖ ਆਖ ਕੇ 'ਗੁਰ ਗੋਵਿੰਦ' ਦਾ ਨਾਮ ਸਿਮਰਿਆ ਸੀ (ਤਿਵੇਂ ਗੁਰ ਗੋਵਿੰਦ ਨੂੰ ਸਿਮਰਨਾ ਹੀ ਅਸਲ) ਸਿਮ੍ਰਿਤੀਆਂ ਤੇ ਸ਼ਾਸਤਰ ਹਨ।
47883	1117	ਦੇਹੀ ਨਗਰਿ ਕੋਟਿ ਪੰਚ ਚੋਰ ਵਟਵਾਰੇ ਤਿਨ ਕਾ ਥਾਉ ਥੇਹੁ ਗਵਾਇਆ॥		Dhaehee Nagar Kott Panch Chor Vattavaarae Thin Kaa Thhaao Thhaehu Gavaaeiaa ||	The five thieves and the highway robbers dwell in the fortress of the body-village; the Guru has destroyed their home and place.	(ਉਹਨਾਂ ਸੁਕ ਪ੍ਰਹਿਲਾਦ ਸ੍ਰੀ ਰਾਮ ਨੇ) ਸਰੀਰ-ਨਗਰ ਵਿਚ ਵੱਸਣ ਵਾਲੇ ਸਰੀਰ-ਕਿਲ੍ਹੇ ਵਿਚ ਵੱਸਣ ਵਾਲੇ (ਕਾਮਾਦਿਕ) ਪੰਜ ਚੋਰਾਂ ਨੂੰ ਪੰਜ ਡਾਕੂਆਂ ਨੂੰ (ਮਾਰ ਕੇ) ਉਹਨਾਂ ਦਾ (ਆਪਣੇ ਅੰਦਰੋਂ) ਨਿਸ਼ਾਨ ਹੀ ਮਿਟਾ ਦਿੱਤਾ ਸੀ।
47884	1117	ਕੀਰਤਨ ਪੁਰਾਣ ਨਿਤ ਪੁੰਨ ਹੋਵਹਿ ਗੁਰ ਬਚਨਿ ਨਾਨਕਿ ਹਰਿ ਭਗਤਿ ਲਹੀ ॥		Keerathan Puraan Nith Punn Hovehi Gur Bachan Naanak Har Bhagath Lehee ||	The Puraanas continually praise the giving of charity, but devotional worship of the Lord is only obtained through the Word of Guru Nanak.	(ਨਗਰ ਦੇ ਪੰਚਾਂ ਨੇ ਗੁਰੂ) ਨਾਨਕ ਦੀ ਰਾਹੀਂ ਗੁਰੂ ਦੇ ਉਪਦੇਸ਼ ਦੀ ਰਾਹੀਂ ਪਰਮਾਤਮਾ ਦੀ ਭਗਤੀ ਕਰਨ ਦੀ ਦਾਤ ਹਾਸਲ ਕਰ ਲਈ। (ਨਗਰ ਵਿਚ) ਸਦਾ ਕੀਰਤਨ ਹੋਣ ਲੱਗ ਪਏ-(ਇਹੀ ਉਹਨਾਂ ਮਹਾ ਜਨਾਂ ਵਾਸਤੇ) ਪੁਰਾਣਾਂ ਦੇ ਪਾਠ ਅਤੇ ਪੁੰਨ-ਦਾਨ (ਹੋ ਗਏ)।

47885	1117	ਮਿਲਿ ਆਏ ਨਗਰ ਮਹਾ ਜਨਾ ਗੁਰ ਸਤਿਗੁਰ ਓਟ ਗਹੀ॥੬॥੪॥੧੦॥	(ਜਨਾ) ਸ੍ਰੇਸ਼ਟ ਪੁਰਖ। ਨੱਗਰ	Mil Aaeae Nagar Mehaa Janaa Gur Sathigur Outt Gehee ||6||4||10||	The important men of the city met together, and sought the Protection of the Guru, the True Guru. ||6||4||10||	ਨਗਰ ਦੇ ਤੁਰਨੇ-ਸਿਰ ਮਨੁੱਖ ਮਿਲ ਕੇ (ਗੁਰੂ ਅਮਰਦਾਸ ਜੀ ਦੇ ਕੋਲ) ਆਏ। (ਉਹਨਾਂ) ਗੁਰੂ ਦੀ ਓਟ ਲਈ, (ਉਹਨਾਂ) ਸਤਿਗੁਰੂ ਦਾ ਪੱਲਾ ਫੜਿਆ ॥੬॥੪॥੧੦॥
47886	1117	ਤੁਖਾਰੀ ਛੰਤ ਮਹਲਾ ੫		Thukhaaree Shhanth Mehalaa 5	Tukhaari Chhant, Fifth Mehl:	ਰਾਗ ਤੁਖਾਰੀ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ'।
47887	1117	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
47888	1117	ਘੋਲਿ ਘੁਮਾਈ ਲਾਲਨਾ ਗੁਰਿ ਮਨੁ ਦੀਨਾ॥		Ghol Ghumaaee Laalanaa Gur Man Dheenaa ||	O my Beloved, I am a sacrifice to You. Through the Guru, I have dedicated my mind to You.	ਹੇ ਸੋਹਣੇ ਲਾਲ! ਗੁਰੂ ਦੀ ਰਾਹੀਂ (ਗੁਰੂ ਦੀ ਸਰਨ ਪੈ ਕੇ) ਮੈਂ ਆਪਣਾ ਇਹ) ਮਨ (ਤੈਨੂੰ) ਦੇ ਦਿੱਤਾ ਹੈ, ਮੈਂ ਤੈਥੋਂ ਸਦਕੇ ਜਾਂਦਾ ਹਾਂ।
47889	1117	ਸੁਣਿ ਸਬਦੁ ਤੁਮਾਰਾ ਮੇਰਾ ਮਨੁ ਭੀਨਾ॥		Sun Sabadh Thumaaraa Maeraa Man Bheenaa ||	Hearing the Word of Your Shabad, my mind is enraptured.	ਹੇ ਲਾਲ! ਤੇਰੀ ਸਿਫ਼ਤ-ਸਾਲਾਹ ਦੀ ਬਾਣੀ ਸੁਣ ਕੇ ਮੇਰਾ ਮਨ (ਤੇਰੇ ਨਾਮ-ਰਸ ਨਾਲ) ਭਿੱਜ ਗਿਆ ਹੈ।

47890	1117	ਇਹੁ ਮਨੁ ਭੀਨਾ ਜਿਉ ਜਲ ਮੀਨਾ ਲਾਗਾ ਰੰਗੁ ਮੁਰਾਰਾ॥		Eihu Man Bheenaa Jio Jal Meenaa Laagaa Rang Muraaraa ||	This mind is enraptured, like the fish in the water; it is lovingly attached to the Lord.	ਹੇ ਮੁਰਾਰੀ! (ਮੇਰਾ ਇਹ) ਮਨ (ਤੇਰੇ ਨਾਮ-ਰਸ ਨਾਲ ਇਉਂ) ਭਿੱਜ ਗਿਆ ਹੈ (ਮੇਰੇ ਅੰਦਰ ਤੇਰਾ ਇਤਨਾ) ਪਿਆਰ ਬਣ ਗਿਆ ਹੈ (ਕਿ ਇਸ ਨਾਮ-ਜਲ ਤੋਂ ਬਿਨਾ ਇਹ ਮਨ ਜੀਊ ਹੀ ਨਹੀਂ ਸਕਦਾ) ਜਿਵੇਂ ਪਾਣੀ ਦੀ ਮੱਛੀ (ਪਾਣੀ ਤੋਂ ਬਿਨਾ ਰਹਿ ਨਹੀਂ ਸਕਦੀ)।
47891	1117	ਕੀਮਤਿ ਕਹੀ ਨ ਜਾਈ ਠਾਕੁਰ ਤੇਰਾ ਮਹਲੁ ਅਪਾਰਾ॥		Keemath Kehee N Jaaee Thaakur Thaeraa Mehal Apaaraa ||	Your Worth cannot be described, O my Lord and Master; Your Mansion is Incomparable and Unrivalled.	ਹੇ ਮੇਰੇ ਮਾਲਕ! ਤੇਰਾ ਮੁੱਲ ਪਾਇਆ ਨਹੀਂ ਜਾ ਸਕਦਾ (ਤੂੰ ਕਿਸੇ ਦੁਨੀਆਵੀ ਪਦਾਰਥ ਦੇ ਇਵਜ਼ ਮਿਲ ਨਹੀਂ ਸਕਦਾ), ਤੇਰੇ ਟਿਕਾਣੇ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ।
47892	1117	ਸਗਲ ਗੁਣਾ ਕੇ ਦਾਤੇ ਸੁਆਮੀ ਬਿਨਉ ਸੁਨਹੁ ਇਕ ਦੀਨਾ॥		Sagal Gunaa Kae Dhaathae Suaamee Bino Sunahu Eik Dheenaa ||	O Giver of all Virtue, O my Lord and Master, please hear the prayer of this humble person.	ਹੇ ਸਾਰੇ ਗੁਣ ਦੇਣ ਵਾਲੇ ਮਾਲਕ! ਮੇਰੀ ਗਰੀਬ ਦੀ ਇਕ ਬੇਨਤੀ ਸੁਣ-
47893	1117	ਦੇਹੁ ਦਰਸੁ ਨਾਨਕ ਬਲਿਹਾਰੀ ਜੀਅੜਾ ਬਲਿ ਬਲਿ ਕੀਨਾ॥੧॥		Dhaehu Dharas Naanak Balihaaree Jeearraa Bal Bal Keenaa ||1||	Please bless Nanak with the Blessed Vision of Your Darshan. I am a sacrifice, my soul is a sacrifice, a sacrifice to You. ||1||	(ਮੈਨੂੰ) ਨਾਨਕ ਨੂੰ ਆਪਣਾ ਦਰਸਨ ਬਖ਼ਸ਼, ਮੈਂ ਤੈਥੋਂ ਸਦਕੇ ਹਾਂ, ਮੈਂ ਆਪਣੀ ਇਹ ਨਿਮਾਣੀ ਜਿਹੀ ਜਿੰਦ ਤੈਥੋਂ ਵਾਰਨੇ ਕਰਦਾ ਹਾਂ ॥੧॥

47894	1117	ਇਹੁ ਤਨੁ ਮਨੁ ਤੇਰਾ ਸਭਿ ਗੁਣ ਤੇਰੇ॥		Eihu Than Man Thaeraa Sabh Gun Thaerae ||	This body and mind are Yours; all virtues are Yours.	ਹੇ ਮੇਰੇ ਪ੍ਰਭੂ! (ਮੇਰਾ) ਇਹ ਸਰੀਰ ਤੇਰਾ (ਦਿੱਤਾ ਹੋਇਆ ਹੈ), (ਮੇਰਾ) ਇਹ ਮਨ ਤੇਰਾ (ਬਖ਼ਸ਼ਿਆ ਹੋਇਆ ਹੈ), ਸਾਰੇ ਗੁਣ ਭੀ ਤੇਰੇ ਹੀ ਬਖ਼ਸ਼ੇ ਮਿਲਦੇ ਹਨ।
47895	1117	ਖੰਨੀਐ ਵੰਞਾ ਦਰਸਨ ਤੇਰੇ॥		Khanneeai Vannjaa Dharasan Thaerae ||	I am a sacrifice, every little bit, to Your Darshan.	ਮੈਂ ਤੇਰੇ ਦਰਸਨ ਤੋਂ ਕੁਰਬਾਨ ਜਾਂਦਾ ਹਾਂ।
47896	1117	ਦਰਸਨ ਤੇਰੇ ਸੁਣਿ ਪ੍ਰਭ ਮੇਰੇ ਨਿਮਖ ਦ੍ਰਿਸਟਿ ਪੇਖਿ ਜੀਵਾ॥		Dharasan Thaerae Sun Prabh Maerae Nimakh Dhrisatt Paekh Jeevaa ||	Please hear me, O my Lord God; I live only by seeing Your Vision, even if only for an instant.	ਹੇ ਮੇਰੇ ਪ੍ਰਭੂ! (ਮੈਂ) ਤੇਰੇ ਦਰਸਨ (ਤੋਂ ਸਦਕੇ ਜਾਂਦਾ ਹਾਂ)। ਅੱਖ ਝਮਕਣ ਜਿਤਨੇ ਸਮੇ ਲਈ ਹੀ (ਮੇਰੇ ਵਲ) ਨਿਗਾਹ ਕਰ। (ਤੈਨੂੰ) ਵੇਖ ਕੇ ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ।
47897	1117	ਅੰਮ੍ਰਿਤ ਨਾਮੁ ਸੁਨੀਜੈ ਤੇਰਾ ਕਿਰਪਾ ਕਰਹਿ ਤ ਪੀਵਾ॥		Anmrith Naam Suneejai Thaeraa Kirapaa Karehi Th Peevaa ||	I have heard that Your Name is the most Ambrosial Nectar; please bless me with Your Mercy, that I may drink it in.	ਹੇ ਪ੍ਰਭੂ! ਤੇਰਾ ਨਾਮ ਆਤਮਕ ਜੀਵਨ ਦੇਣ ਵਾਲਾ ਸੁਣੀਂਦਾ ਹੈ। ਜੇ ਤੂੰ (ਮੇਰੇ ਉਤੇ) ਮਿਹਰ ਕਰੇਂ ਤਾਂ ਹੀ ਮੈਂ (ਤੇਰਾ ਨਾਮ ਜਲ) ਪੀ ਸਕਦਾ ਹਾਂ।

47898	1117	ਆਸ ਪਿਆਸੀ ਪਿਰ ਕੈ ਤਾਈ ਜਿਉ ਚਾਤ੍ਰਿਕੁ ਬੂੰਦੇਰੇ॥	ਤਾਂਈਂ	Aas Piaasee Pir Kai Thaaee Jio Chaathrik Boondhaerae ||	My hopes and desires rest in You, O my Husband Lord; like the rainbird, I long for the rain-drop.	ਹੇ ਮੇਰੇ ਪ੍ਰਭੂ-ਪਤੀ! ਤੇਰੇ ਦਰਸਨ ਦੀ ਖ਼ਾਤਰ ਮੇਰੇ ਅੰਦਰ ਤਾਂਘ ਪੈਦਾ ਹੋ ਰਹੀ ਹੈ, ਉਸ ਤਾਂਘ ਦੀ (ਮਾਨੋ) ਪਿਆਸ ਲੱਗੀ ਹੋਈ ਹੈ (ਦਰਸਨ ਤੋਂ ਬਿਨਾ ਉਹ ਪਿਆਸ ਮਿਟਦੀ ਨਹੀਂ) ਜਿਵੇਂ ਪਪੀਹਾ (ਸ੍ਵਾਂਤੀ ਨਛੱਤ੍ਰ ਦੀ ਵਰਖਾ ਦੀ) ਬੂੰਦ ਨੂੰ ਤਾਂਘਦਾ ਰਹਿੰਦਾ ਹੈ।
47899	1117	ਕਹੁ ਨਾਨਕ ਜੀਅੜਾ ਬਲਿਹਾਰੀ ਦੇਹੁ ਦਰਸੁ ਪ੍ਰਭ ਮੇਰੇ॥੨॥		Kahu Naanak Jeearraa Balihaaree Dhaehu Dharas Prabh Maerae ||2||	Says Nanak, my soul is a sacrifice to You; please bless me with Your Darshan, O my Lord God. ||2||	ਨਾਨਕ ਆਖਦਾ ਹੈ- ਹੇ ਮੇਰੇ ਪ੍ਰਭੂ! ਮੈਨੂੰ (ਆਪਣਾ) ਦਰਸਨ ਦੇਹ, ਮੈਂ ਆਪਣੀ ਇਹ ਜਿੰਦ ਤੈਥੋਂ ਕੁਰਬਾਨ ਕਰਦਾ ਹਾਂ ॥੨॥
47900	1117	ਤੂ ਸਾਚਾ ਸਾਹਿਬੁ ਸਾਹੁ ਅਮਿਤਾ॥	ਅ-ਮਿਤਾ: ਪੋਲਾ ਬੋਲੋ	Thoo Saachaa Saahib Saahu Amithaa ||	You are my True Lord and Master, O Infinite King.	ਹੇ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਮਾਲਕ ਹੈਂ, ਤੂੰ ਬੇਅੰਤ ਵੱਡਾ ਸ਼ਾਹ ਹੈਂ।
47901	1117	ਤੂ ਪ੍ਰੀਤਮੁ ਪਿਆਰਾ ਪ੍ਰਾਨ ਹਿਤ ਚਿਤਾ॥	(ਚਿਤਾ) ਚਿੰਤਨ। ਚਿਤਾ: ਪੋਲਾ ਬੋਲੋ	Thoo Preetham Piaaraa Praan Hith Chithaa ||	You are my Dear Beloved, so dear to my life and consciousness.	ਹੇ ਪ੍ਰਭੂ! ਤੂੰ (ਸਾਡਾ) ਪ੍ਰੀਤਮ ਹੈਂ, (ਸਾਡਾ) ਪਿਆਰਾ ਹੈਂ। ਤੂੰ ਸਾਡੇ ਪ੍ਰਾਣਾਂ ਦਾ ਰਾਖਾ ਹੈਂ, ਤੂੰ ਸਾਡੀ ਜਿੰਦ ਦਾ ਰਾਖਾ ਹੈਂ।

47902	1117	ਪ੍ਰਾਨ ਸੁਖਦਾਤਾ ਗੁਰਮੁਖਿ ਜਾਤਾ ਸਗਲ ਰੰਗ ਬਨਿ ਆਏ॥		Praan Sukhadhaathaa Guramukh Jaathaa Sagal Rang Ban Aaeae ||	You bring peace to my soul; You are known to the Gurmukh. All are blessed by Your Love.	ਹੇ ਪ੍ਰਭੂ! ਤੂੰ (ਸਾਨੂੰ) ਜਿੰਦ ਦੇਣ ਵਾਲਾ ਹੈਂ, ਸਾਰੇ ਸੁਖ ਦੇਣ ਵਾਲਾ ਹੈਂ। ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਤੇਰੇ ਨਾਲ ਡੂੰਘੀ ਸਾਂਝ ਪਾਂਦਾ ਹੈ, ਉਸ ਦੇ ਅੰਦਰ ਸਾਰੇ ਆਤਮਕ ਆਨੰਦ ਪੈਦਾ ਹੋ ਜਾਂਦੇ ਹਨ।
47903	1117	ਸੋਈ ਕਰਮੁ ਕਮਾਵੈ ਪ੍ਰਾਣੀ ਜੇਹਾ ਤੂ ਫੁਰਮਾਏ॥		Soee Karam Kamaavai Praanee Jaehaa Thoo Furamaaeae ||	The mortal does only those deeds which You ordain, Lord.	ਹੇ ਪ੍ਰਭੂ! ਜਿਹੋ ਜਿਹਾ ਹੁਕਮ ਤੂੰ ਕੀਤਾ ਹੁੰਦਾ ਹੈ, ਜੀਵ ਉਹੀ ਕੰਮ ਕਰਦਾ ਹੈ।
47904	1117	ਜਾ ਕਉ ਕ੍ਰਿਪਾ ਕਰੀ ਜਗਦੀਸੁਰਿ ਤਿਨਿ ਸਾਧਸੰਗਿ ਮਨੁ ਜਿਤਾ॥	ਜੱਗਦੀਸੁਰਿ	Jaa Ko Kirapaa Karee Jagadheesur Thin Saadhhasang Man Jithaa ||	One who is blessed by Your Grace, O Lord of the Universe, conquers his mind in the Saadh Sangat, the Company of the Holy.	ਜਗਤ ਦੇ ਮਾਲਕ ਪ੍ਰਭੂ ਨੇ ਜਿਸ ਮਨੁੱਖ ਉਤੇ ਮਿਹਰ ਕੀਤੀ, ਉਸ ਨੇ ਗੁਰੂ ਦੀ ਸੰਗਤ ਵਿਚ (ਰਹਿ ਕੇ ਆਪਣੇ) ਮਨ ਨੂੰ ਵੱਸ ਵਿਚ ਕਰ ਲਿਆ।
47905	1117	ਕਹੁ ਨਾਨਕ ਜੀਅੜਾ ਬਲਿਹਾਰੀ ਜੀਉ ਪਿੰਡੁ ਤਉ ਦਿਤਾ॥੩॥		Kahu Naanak Jeearraa Balihaaree Jeeo Pindd Tho Dhithaa ||3||	Says Nanak, my soul is a sacrifice to You; You gave me my soul and body. ||3||	ਨਾਨਕ ਆਖਦਾ ਹੈ- (ਹੇ ਪ੍ਰਭੂ! ਮੇਰੀ ਇਹ) ਨਿਮਾਣੀ ਜਿੰਦ ਤੈਥੋਂ ਸਦਕੇ ਹੈ। ਇਹ ਜਿੰਦ ਇਹ ਸਰੀਰ ਤੇਰਾ ਹੀ ਦਿੱਤਾ ਹੋਇਆ ਹੈ ॥੩॥

47906	1117	ਨਿਰਗੁਣੁ ਰਾਖਿ ਲੀਆ ਸੰਤਨ ਕਾ ਸਦਕਾ॥		Niragun Raakh Leeaa Santhan Kaa Sadhakaa ||	I am unworthy, but He has saved me, for the sake of the Saints.	ਹੇ ਮੇਰੇ ਪ੍ਰਭੂ! ਸੰਤ ਜਨਾਂ ਦੀ ਸਰਨ ਪੈਣ ਦੀ ਬਰਕਤਿ ਨਾਲ ਤੂੰ ਮੈਨੂੰ ਗੁਣ-ਹੀਨ ਨੂੰ (ਭੀ ਵਿਕਾਰਾਂ ਤੋਂ) ਬਚਾ ਲਿਆ ਹੈ।
47907	1117	ਸਤਿਗੁਰਿ ਢਾਕਿ ਲੀਆ ਮੋਹਿ ਪਾਪੀ ਪੜਦਾ॥	ਪੜਦਾ: ਪੋਲਾ ਬੋਲੋ	Sathigur Dtaak Leeaa Mohi Paapee Parradhaa ||	The True Guru has covered by faults; I am such a sinner.	ਸਤਿਗੁਰੂ ਨੇ ਮੇਰਾ ਪਾਪੀ ਦਾ ਪਰਦਾ ਢੱਕ ਲਿਆ ਹੈ (ਮੇਰੇ ਪਾਪ ਨਸ਼ਰ ਨਹੀਂ ਹੋਣ ਦਿੱਤੇ)।
47908	1117	ਢਾਕਨਹਾਰੇ ਪ੍ਰਭੂ ਹਮਾਰੇ ਜੀਅ ਪ੍ਰਾਨ ਸੁਖਦਾਤੇ॥		Dtaakanehaarae Prabhoo Hamaarae Jeea Praan Sukhadhaathae ||	God has covered for me; He is the Giver of the soul, life and peace.	ਹੇ ਅਸਾਂ ਜੀਵਾਂ ਦੇ ਮਾਲਕ! ਹੇ ਸਭ ਜੀਵਾਂ ਦਾ ਪਰਦਾ ਢੱਕਣ ਦੀ ਸਮਰਥਾ ਵਾਲੇ! ਹੇ ਜਿੰਦ ਦੇਣ ਵਾਲੇ! ਹੇ ਪ੍ਰਾਣ ਦੇਣ ਵਾਲੇ! ਹੇ ਸੁਖ ਦੇਣ ਵਾਲੇ!
47909	1117	ਅਬਿਨਾਸੀ ਅਬਿਗਤ ਸੁਆਮੀ ਪੂਰਨ ਪੁਰਖ ਬਿਧਾਤੇ॥		Abinaasee Abigath Suaamee Pooran Purakh Bidhhaathae ||	My Lord and Master is Eternal and Unchanging, Ever-present; He is the Perfect Creator, the Architect of Destiny.	ਹੇ ਨਾਸ-ਰਹਿਤ ਸੁਆਮੀ! ਹੇ ਅਦ੍ਰਿਸ਼ਟ ਸੁਆਮੀ! ਹੇ ਸਭ ਗੁਣਾਂ ਨਾਲ ਭਰਪੂਰ ਪ੍ਰਭੂ! ਹੇ ਸਰਬ-ਵਿਆਪਕ! ਹੇ ਸਿਰਜਣਹਾਰ!
47910	1117	ਉਸਤਤਿ ਕਹਨੁ ਨ ਜਾਇ ਤੁਮਾਰੀ ਕਉਣੁ ਕਹੈ ਤੂ ਕਦ ਕਾ॥		Ousathath Kehan N Jaae Thumaaree Koun Kehai Thoo Kadh Kaa ||	Your Praise cannot be described; who can say where You are?	ਤੇਰੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ। ਕੋਈ ਨਹੀਂ ਦੱਸ ਸਕਦਾ ਕਿ ਤੂੰ ਕਦੋਂ ਦਾ ਹੈਂ।

47911	1117	ਨਾਨਕ ਦਾਸੁ ਤਾ ਕੈ ਬਲਿਹਾਰੀ ਮਿਲੈ ਨਾਮੁ ਹਰਿ ਨਿਮਕਾ॥੪॥੧॥੧੧॥		Naanak Dhaas Thaa Kai Balihaaree Milai Naam Har Nimakaa ||4||1||11||	Slave Nanak is a sacrifice to the one who blesses him with the Lord's Name, even for an instant. ||4||1||11||	ਦਾਸ ਨਾਨਕ ਉਸ (ਗੁਰੂ) ਤੋਂ ਕੁਰਬਾਨ ਹੈ (ਜਿਸ ਦੀ ਕਿਰਪਾ ਨਾਲ) ਪਰਮਾਤਮਾ ਦਾ ਨਾਮ ਅੱਖ ਝਮਕਣ ਜਿਤਨੇ ਸਮੇ ਲਈ ਭੀ ਮਿਲ ਜਾਂਦਾ ਹੈ ॥੪॥੧॥੧੧॥
47912	1118	ਕੇਦਾਰਾ ਮਹਲਾ ੪ ਘਰੁ ੧		Kaedhaaraa Mehalaa 4 Ghar 1	Kaydaaraa, Fourth Mehl, First House:	ਰਾਗ ਕੇਦਾਰਾ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
47913	1118	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
47914	1118	ਮੇਰੇ ਮਨ ਰਾਮ ਨਾਮ ਨਿਤ ਗਾਵੀਐ ਰੇ॥		Maerae Man Raam Naam Nith Gaaveeai Rae ||	O my mind, sing continually the Name of the Lord.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਸਦਾ ਸਿਮਰਨਾ ਚਾਹੀਦਾ ਹੈ।
47915	1118	ਅਗਮ ਅਗੋਚਰੁ ਨ ਜਾਈ ਹਰਿ ਲਖਿਆ ਗੁਰੁ ਪੂਰਾ ਮਿਲੈ ਲਖਾਵੀਐ ਰੇ॥ਰਹਾਉ॥		Agam Agochar N Jaaee Har Lakhiaa Gur Pooraa Milai Lakhaaveeai Rae || Rehaao ||	The Inaccessible, Unfathomable Lord cannot be seen; meeting with the Perfect Guru, He is seen. ||Pause||	ਹੇ ਮਨ! ਉਹ ਪਰਮਾਤਮਾ ਅਪਹੁੰਚ ਹੈ, ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, (ਮਨੁੱਖ ਦੀ ਆਪਣੀ ਅਕਲ ਨਾਲ ਉਹ) ਸਮਝਿਆ ਨਹੀਂ ਜਾ ਸਕਦਾ। ਜਦੋਂ ਪੂਰਾ ਗੁਰੂ ਮਿਲਦਾ ਹੈ ਤਦੋਂ ਉਸ ਨੂੰ ਸਮਝਿਆ ਜਾ ਸਕਦਾ ਹੈ ॥ ਰਹਾਉ॥

47916	1118	ਜਿਸੁ ਆਪੇ ਕਿਰਪਾ ਕਰੇ ਮੇਰਾ ਸੁਆਮੀ ਤਿਸੁ ਜਨ ਕਉ ਹਰਿ ਲਿਵ ਲਾਵੀਐ ਰੇ॥		Jis Aapae Kirapaa Karae Maeraa Suaamee This Jan Ko Har Liv Laaveeai Rae ||	That person, upon whom my Lord and Master showers His Mercy - the Lord attunes that one to Himself.	ਹੇ ਮੇਰੇ ਮਨ! ਮੇਰਾ ਮਾਲਕ-ਪ੍ਰਭੂ ਜਿਸ ਮਨੁੱਖ ਉਤੇ ਆਪ ਹੀ ਕਿਰਪਾ ਕਰਦਾ ਹੈ, ਉਸ ਮਨੁੱਖ ਨੂੰ ਪ੍ਰਭੂ (ਆਪਣੇ ਚਰਨਾਂ ਦਾ) ਪਿਆਰ ਲਾਂਦਾ ਹੈ।
47917	1118	ਸਭੁ ਕੋ ਭਗਤਿ ਕਰੇ ਹਰਿ ਕੇਰੀ ਹਰਿ ਭਾਵੈ ਸੋ ਥਾਇ ਪਾਵੀਐ ਰੇ॥੧॥		Sabh Ko Bhagath Karae Har Kaeree Har Bhaavai So Thhaae Paaveeai Rae ||1||	Everyone worships the Lord, but only that person who is pleasing to the Lord is accepted. ||1||	ਹੇ ਮਨ! (ਆਪਣੇ ਵੱਲੋਂ) ਹਰੇਕ ਜੀਵ ਪਰਮਾਤਮਾ ਦੀ ਭਗਤੀ ਕਰਦਾ ਹੈ, ਪਰ ਉਹ ਮਨੁੱਖ (ਉਸ ਦੇ ਦਰ ਤੇ) ਪਰਵਾਨ ਹੁੰਦਾ ਹੈ ਜਿਹੜਾ ਉਸ ਨੂੰ ਪਿਆਰਾ ਲੱਗਦਾ ਹੈ ॥੧॥
47918	1118	ਹਰਿ ਹਰਿ ਨਾਮੁ ਅਮੋਲਕੁ ਹਰਿ ਪਹਿ ਹਰਿ ਦੇਵੈ ਤਾ ਨਾਮੁ ਧਿਆਵੀਐ ਰੇ॥		Har Har Naam Amolak Har Pehi Har Dhaevai Thaa Naam Dhhiaaveeai Rae ||	The Name of the Lord, Har, Har, is priceless. It rests with the Lord. If the Lord bestows it, then we meditate on the Naam.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਕਿਸੇ ਦੁਨੀਆਵੀ ਮੁੱਲ ਤੋਂ ਨਹੀਂ ਮਿਲ ਸਕਦਾ, (ਉਸ ਦਾ ਇਹ ਨਾਮ ਉਸ) ਪਰਮਾਤਮਾ ਦੇ (ਆਪਣੇ) ਪਾਸ ਹੈ। ਜਦੋਂ ਪਰਮਾਤਮਾ (ਕਿਸੇ ਨੂੰ ਨਾਮ ਦੀ ਦਾਤਿ) ਦੇਂਦਾ ਹੈ, ਤਦੋਂ ਹੀ ਸਿਮਰਿਆ ਜਾ ਸਕਦਾ ਹੈ।

47919	1118	ਜਿਸ ਨੋ ਨਾਮੁ ਦੇਇ ਮੇਰਾ ਸੁਆਮੀ ਤਿਸੁ ਲੇਖਾ ਸਭੁ ਛਡਾਵੀਐ ਰੇ॥੨॥		Jis No Naam Dhaee Maeraa Suaamee This Laekhaa Sabh Shhaddaaveeai Rae ||2||	That person, whom my Lord and Master blesses with His Name - his entire account is forgiven. ||2||	ਹੇ ਮਨ! ਮੇਰਾ ਮਾਲਕ-ਪ੍ਰਭੂ ਜਿਸ ਮਨੁੱਖ ਨੂੰ ਆਪਣਾ ਨਾਮ ਦੇਂਦਾ ਹੈ ਉਸ (ਦੇ ਪਿਛਲੇ ਕੀਤੇ ਕਰਮਾਂ ਦਾ) ਸਾਰਾ ਹਿਸਾਬ ਮੁੱਕ ਜਾਂਦਾ ਹੈ ॥੨॥
47920	1118	ਹਰਿ ਨਾਮੁ ਅਰਾਧਹਿ ਸੇ ਧੰਨੁ ਜਨ ਕਹੀਅਹਿ ਤਿਨ ਮਸਤਕਿ ਭਾਗੁ ਧੁਰਿ ਲਿਖਿ ਪਾਵੀਐ ਰੇ॥	ਕਹੀ-ਅਹਿ	Har Naam Araadhhehi Sae Dhhann Jan Keheeahi Thin Masathak Bhaag Dhhur Likh Paaveeai Rae ||	Those humble beings who worship and adore the Lord's Name, are said to be blessed. Such is the good destiny written on their foreheads.	ਹੇ ਮੇਰੇ ਮਨ! ਜਿਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ, ਉਹ ਮਨੁੱਖ ਵੱਡੇ ਭਾਗਾਂ ਵਾਲੇ ਆਖੇ ਜਾਂਦੇ ਹਨ। ਉਹਨਾਂ ਦੇ ਮੱਥੇ ਉੱਤੇ ਧੁਰੋਂ ਪ੍ਰਭੂ ਦੀ ਹਜ਼ੂਰੀ ਤੋਂ ਲਿਖੀ ਚੰਗੀ ਕਿਸਮਤ ਉਹਨਾਂ ਨੂੰ ਪ੍ਰਾਪਤ ਹੋ ਜਾਂਦੀ ਹੈ।
47921	1118	ਤਿਨ ਦੇਖੇ ਮੇਰਾ ਮਨੁ ਬਿਗਸੈ ਜਿਉ ਸੁਤੁ ਮਿਲਿ ਮਾਤ ਗਲਿ ਲਾਵੀਐ ਰੇ॥੩॥		Thin Dhaekhae Maeraa Man Bigasai Jio Suth Mil Maath Gal Laaveeai Rae ||3||	Gazing upon them, my mind blossoms forth, like the mother who meets with her son and hugs him close. ||3||	ਉਹਨਾਂ ਦਾ ਦਰਸਨ ਕੀਤਿਆਂ ਮੇਰਾ ਮਨ (ਇਉਂ) ਖ਼ੁਸ਼ ਹੁੰਦਾ ਹੈ, ਜਿਵੇਂ ਪੁੱਤਰ (ਆਪਣੀ) ਮਾਂ ਨੂੰ ਮਿਲ ਕੇ (ਖ਼ੁਸ਼ ਹੁੰਦਾ ਹੈ), ਉਹ ਮਾਂ ਦੇ ਗਲ ਨਾਲ ਚੰਬੜ ਜਾਂਦਾ ਹੈ ॥੩॥

47922	1118	ਹਮ ਬਾਰਿਕ ਹਰਿ ਪਿਤਾ ਪ੍ਰਭ ਮੇਰੇ ਮੋਕਉ ਦੇਹੁ ਮਤੀ ਜਿਤੁ ਹਰਿ ਪਾਵੀਐ ਰੇ॥		Ham Baarik Har Pithaa Prabh Maerae Mo Ko Dhaehu Mathee Jith Har Paaveeai Rae ||	I am a child, and You, O my Lord God, are my Father; please bless me with such understanding, that I may find the Lord.	ਹੇ ਮੇਰੇ ਪਿਤਾ ਪ੍ਰਭੂ! ਅਸੀਂ ਜੀਵ ਤੇਰੇ ਬੱਚੇ ਹਾਂ। (ਹੇ ਪ੍ਰਭੂ!) ਮੈਨੂੰ ਅਜਿਹੀ ਮੱਤ ਦੇਹ, ਜਿਸ ਦੀ ਰਾਹੀਂ ਤੇਰਾ ਨਾਮ ਪ੍ਰਾਪਤ ਹੋ ਸਕੇ।
47923	1118	ਜਿਉ ਬਛੁਰਾ ਦੇਖਿ ਗਊ ਸੁਖੁ ਮਾਨੈ ਤਿਉ ਨਾਨਕ ਹਰਿ ਗਲਿ ਲਾਵੀਐ ਰੇ॥੪॥੧॥		Jio Bashhuraa Dhaekh Goo Sukh Maanai Thio Naanak Har Gal Laaveeai Rae ||4||1||	Like the cow, which is happy upon seeing her calf, O Lord, please hug Nanak close in Your Embrace. ||4||1||	ਹੇ ਨਾਨਕ! ਜਿਵੇਂ ਗਾਂ (ਆਪਣੇ) ਵੱਛੇ ਨੂੰ ਵੇਖ ਕੇ ਖ਼ੁਸ਼ ਹੁੰਦੀ ਹੈ ਤਿਵੇਂ ਉਹ ਵਡਭਾਗੀ ਮਨੁੱਖ ਸੁਖ ਪ੍ਰਤੀਤ ਕਰਦਾ ਹੈ ਜਿਸ ਨੂੰ ਪਰਮਾਤਮਾ ਆਪਣੇ ਗਲ ਨਾਲ ਲਾ ਲੈਂਦਾ ਹੈ ॥੪॥੧॥
47924	1118	ਕੇਦਾਰਾ ਮਹਲਾ ੪ ਘਰੁ ੧		Kaedhaaraa Mehalaa 4 Ghar 1	Kaydaaraa, Fourth Mehl, First House:	ਰਾਗ ਕੇਦਾਰਾ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
47925	1118	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
47926	1118	ਮੇਰੇ ਮਨ ਹਰਿ ਹਰਿ ਗੁਨ ਕਹੁ ਰੇ॥		Maerae Man Har Har Gun Kahu Rae ||	O my mind, chant the Glorious Praises of the Lord, Har, Har.	ਹੇ ਮੇਰੇ ਮਨ! ਪਰਮਾਤਮਾ ਦੇ ਗੁਣ ਗਾਇਆ ਕਰ।

47927	1118	ਸਤਿਗੁਰੂ ਕੇ ਚਰਨ ਧੋਇ ਧੋਇ ਪੂਜਹੁ ਇਨ ਬਿਧਿ ਮੇਰਾ ਹਰਿ ਪ੍ਰਭੁ ਲਹੁ ਰੇ॥ਰਹਾਉ॥		Sathiguroo Kae Charan Dhhoe Dhhoe Poojahu Ein Bidhh Maeraa Har Prabh Lahu Rae || Rehaao ||	Wash the Feet of the True Guru, and worship them. In this way, you shall find my Lord God. ||Pause||	ਗੁਰੂ ਦੇ ਚਰਨ ਧੋ ਧੋ ਕੇ ਪੂਜਿਆ ਕਰ (ਭਾਵ, ਅਹੰਕਾਰ ਛੱਡ ਕੇ ਗੁਰੂ ਦੀ ਸਰਨ ਪਿਆ ਰਹੁ)। ਹੇ ਮਨ! ਇਸ ਤਰੀਕੇ ਨਾਲ ਪਿਆਰੇ ਪ੍ਰਭੂ ਨੂੰ ਲੱਭ ਲੈ ॥ ਰਹਾਉ॥
47928	1118	ਕਾਮੁ ਕ੍ਰੋਧੁ ਲੋਭੁ ਮੋਹੁ ਅਭਿਮਾਨੁ ਬਿਖੈ ਰਸ ਇਨ ਸੰਗਤਿ ਤੇ ਤੂ ਰਹੁ ਰੇ॥		Kaam Krodhh Lobh Mohu Abhimaan Bikhai Ras Ein Sangath Thae Thoo Rahu Rae ||	Sexual desire, anger, greed, attachment, egotism and corrupt pleasures - stay away from these.	ਹੇ ਮਨ! ਕਾਮ, ਕ੍ਰੋਧ, ਲੋਭ, ਮੋਹ, ਅਹੰਕਾਰ, ਵਿਸ਼ਿਆਂ ਦੇ ਚਸਕੇ- ਇਹਨਾਂ ਦੇ ਸਾਥ ਤੋਂ ਸਦਾ ਪਰੇ ਟਿਕਿਆ ਰਹੁ।

47929	1118	ਮਿਲਿ ਸਤਸੰਗਤਿ ਕੀਜੈ ਹਰਿ ਗੋਸਟਿ ਸਾਧੂ ਸਿਉ ਗੋਸਟਿ ਹਰਿ ਪ੍ਰੇਮ ਰਸਾਇਣੁ ਰਾਮ ਨਾਮੁ ਰਸਾਇਣੁ ਹਰਿ ਰਾਮ ਨਾਮ ਰਾਮ ਰਮਹੁ ਰੇ॥੧॥		Mil Sathasangath Keejai Har Gosatt Saadhhoo Sio Gosatt Har Praem Rasaaein Raam Naam Rasaaein Har Raam Naam Raam Ramahu Rae ||1||	Join the Sat Sangat, the True Congregation, and speak with the Holy People about the Lord. The Love of the Lord is the healing remedy; the Name of the Lord is the healing remedy. Chant the Name of the Lord, Raam, Raam. ||1||	ਹੇ ਮਨ! ਸਾਧ ਸੰਗਤ ਵਿਚ ਮਿਲ ਕੇ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਕਰਨੀ ਚਾਹੀਦੀ ਹੈ, ਗੁਰਮੁਖਾਂ ਨਾਲ ਮਿਲ ਕੇ ਹਰਿ-ਗੁਣਾਂ ਦੀ ਵਿਚਾਰ ਕਰਨੀ ਚਾਹੀਦੀ ਹੈ। ਹੇ ਮੇਰੇ ਮਨ! ਪਰਮਾਤਮਾ ਦਾ ਪਿਆਰ ਸਭ ਰਸਾਂ ਨਾਲੋਂ ਸ੍ਰੇਸ਼ਟ ਰਸ ਹੈ, ਪਰਮਾਤਮਾ ਦਾ ਨਾਮ ਸਾਰੇ ਰਸਾਂ ਦਾ ਘਰ ਹੈ। ਸਦਾ ਪਰਮਾਤਮਾ ਦਾ ਨਾਮ ਸਿਮਰਿਆ ਕਰ ॥੧॥
47930	1119	ਅੰਤਰ ਕਾ ਅਭਿਮਾਨੁ ਜੋਰੁ ਤੂ ਕਿਛੁ ਕਿਛੁ ਕਿਛੁ ਜਾਨਤਾ ਇਹੁ ਦੂਰਿ ਕਰਹੁ ਆਪਨ ਗਹੁ ਰੇ॥	ਰੇ ਹੇ ਭਾਈ! (ਆਪਨ) ਅਪਣੇ ਰਾਮਜੀ ਨੂੰ (ਗਹੁ) ਗ੍ਰਹਿਣ ਕਰ	Anthar Kaa Abhimaan Jor Thoo Kishh Kishh Kishh Jaanathaa Eihu Dhoor Karahu Aapan Gahu Rae ||	So you think that the egotistical pride in power which you harbor deep within is everything. Let it go, and restrain your self-conceit.	ਆਪਣੇ ਅੰਦਰ ਦਾ ਇਹ ਮਾਣ ਹੈਂਕੜ ਦੂਰ ਕਰ ਕਿ ਤੂੰ ਬਹੁਤ ਕੁਝ ਜਾਣਦਾ ਹੈਂ (ਕਿ ਤੂੰ ਬੜਾ ਸਿਆਣਾ ਹੈਂ)। ਆਪਣੇ ਆਪ ਨੂੰ ਵੱਸ ਵਿਚ ਰੱਖ।

47931	1119	ਜਨ ਨਾਨਕ ਕਉ ਹਰਿ ਦਇਆਲ ਹੋਹੁ ਸੁਆਮੀ ਹਰਿ ਸੰਤਨ ਕੀ ਧੂਰਿ ਕਰਿ ਹਰੇ॥੨॥੧॥੨॥		Jan Naanak Ko Har Dhaeiaal Hohu Suaamee Har Santhan Kee Dhhoor Kar Harae ||2||1||2||	Please be kind to servant Nanak, O Lord, my Lord and Master; please make him the dust of the Feet of the Saints. ||2||1||2||	ਹੇ ਹਰੀ! ਹੇ ਸੁਆਮੀ! ਦਾਸ ਨਾਨਕ ਉਤੇ ਦਇਆਵਾਨ ਹੋਹੁ। (ਦਾਸ ਨਾਨਕ ਨੂੰ) ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣਾਈ ਰੱਖ ॥੨॥੧॥੨॥
47932	1119	ਕੇਦਾਰਾ ਮਹਲਾ ੫ ਘਰੁ ੨		Kaedhaaraa Mehalaa 5 Ghar 2	Kaydaaraa, Fifth Mehl, Second House:	ਰਾਗ ਕੇਦਾਰਾ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
47933	1119	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
47934	1119	ਮਾਈ ਸੰਤਸੰਗਿ ਜਾਗੀ॥		Maaee Santhasang Jaagee ||	O mother, I have awakened in the Society of the Saints.	ਹੇ ਮਾਂ! (ਜਿਹੜੀ ਜੀਵ-ਇਸਤ੍ਰੀ) ਗੁਰੂ ਦੀ ਸੰਗਤ ਵਿਚ (ਟਿਕ ਕੇ ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਜਾਗ ਪੈਂਦੀ ਹੈ,
47935	1119	ਪ੍ਰਿਅ ਰੰਗ ਦੇਖੈ ਜਪਤੀ ਨਾਮੁ ਨਿਧਾਨੀ॥ਰਹਾਉ॥		Pria Rang Dhaekhai Japathee Naam Nidhhaanee || Rehaao ||	Seeing the Love of my Beloved, I chant His Name, the greatest treasure||Pause||	(ਉਹ ਹਰ ਪਾਸੇ) ਪਿਆਰੇ ਪ੍ਰਭੂ ਦੇ ਹੀ (ਕੀਤੇ) ਕੌਤਕ ਵੇਖਦੀ ਹੈ, (ਉਹ ਜੀਵ-ਇਸਤ੍ਰੀ ਪਰਮਾਤਮਾ ਦਾ) ਨਾਮ ਜਪਦੀ ਸੁਖਾਂ ਦੇ ਖ਼ਜ਼ਾਨੇ ਵਾਲੀ ਬਣ ਜਾਂਦੀ ਹੈ ॥ ਰਹਾਉ॥

47936	1119	ਦਰਸਨ ਪਿਆਸ ਲੋਚਨ ਤਾਰ ਲਾਗੀ॥		Dharasan Piaas Lochan Thaar Laagee ||	I am so thirsty for the Blessed Vision of His Darshan. my eyes are focused on Him;	ਹੇ ਮਾਂ! (ਜਿਹੜੀ ਜੀਵ-ਇਸਤ੍ਰੀ ਗੁਰੂ ਦੀ ਸੰਗਤ ਵਿਚ ਟਿਕ ਕੇ ਮਾਇਆ ਦੇ ਮੋਹ ਦੀ ਨੀਂਦ ਤੋਂ ਜਾਗ ਪੈਂਦੀ ਹੈ, ਉਸ ਦੇ ਅੰਦਰ ਪਰਮਾਤਮਾ ਦੇ) ਦਰਸਨ ਦੀ ਤਾਂਘ ਬਣੀ ਰਹਿੰਦੀ ਹੈ (ਦਰਸਨ ਦੀ ਉਡੀਕ ਵਿਚ ਹੀ ਉਸ ਦੀਆਂ) ਅੱਖਾਂ ਦੀ ਤਾਰ ਬੱਝੀ ਰਹਿੰਦੀ ਹੈ।
47937	1119	ਬਿਸਰੀ ਤਿਆਸ ਬਿਡਾਨੀ॥੧॥	(ਤਿਆਸ) ਤ੍ਰਿਸ਼ਨਾ, (ਬਿਡਾਨੀ) ਬਿਗਾਨੀ ਖ਼ਰਾਬ ਕਰਨ ਵਾਲ਼ੀ	Bisaree Thiaas Biddaanee ||1||	I have forgotten other thirsts. ||1||	ਉਸ ਨੂੰ ਹੋਰ ਹੋਰ ਪਾਸੇ ਦੀ ਪਿਆਸ ਭੁੱਲ ਜਾਂਦੀ ਹੈ ॥੧॥
47938	1119	ਅਬ ਗੁਰੁ ਪਾਇਓ ਹੈ ਸਹਜ ਸੁਖਦਾਇਕ ਦਰਸਨੁ ਪੇਖਤ ਮਨੁ ਲਪਟਾਨੀ॥		Ab Gur Paaeiou Hai Sehaj Sukhadhaaeik Dharasan Paekhath Man Lapattaanee ||	Now, I have found my Peace-giving Guru with ease; seeing His Darshan, my mind clings to Him.	ਹੇ ਮਾਂ! (ਮੈਨੂੰ ਭੀ) ਹੁਣ ਆਤਮਕ ਅਡੋਲਤਾ ਦਾ ਆਨੰਦ ਦੇਣ ਵਾਲਾ ਗੁਰੂ ਮਿਲ ਪਿਆ ਹੈ। (ਉਸ ਦਾ) ਦਰਸਨ ਕਰ ਕੇ (ਮੇਰਾ) ਮਨ (ਉਸ ਦੇ ਚਰਨਾਂ ਵਿਚ) ਲਪਟ ਗਿਆ ਹੈ।
47939	1119	ਦੇਖਿ ਦਮੋਦਰ ਰਹਸੁ ਮਨਿ ਉਪਜਿਓ ਨਾਨਕ ਪ੍ਰਿਅ ਅੰਮ੍ਰਿਤ ਬਾਨੀ॥੨॥੧॥		Dhaekh Dhamodhar Rehas Man Oupajiou Naanak Pria Anmrith Baanee ||2||1||	Seeing my Lord, joy has welled up in my mind; O Nanak, the speech of my Beloved is so sweet! ||2||1||	ਨਾਨਕ ਆਖਦਾ ਹੈ (ਹੇ ਮਾਂ!) ਪਰਮਾਤਮਾ ਦਾ ਦਰਸਨ ਕਰ ਕੇ ਮਨ ਵਿਚ ਹੁਲਾਸ ਪੈਦਾ ਹੋ ਜਾਂਦਾ ਹੈ। ਪਿਆਰੇ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਆਤਮਕ ਜੀਵਨ ਦੇਣ ਵਾਲੀ ਹੈ ॥੨॥੧॥

47940	1119	ਕੇਦਾਰਾ ਮਹਲਾ ੫ ਘਰੁ ੩		Kaedhaaraa Mehalaa 5 Ghar 3	Kaydaaraa, Fifth Mehl, Third House:	ਰਾਗ ਕੇਦਾਰਾ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
47941	1119	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
47942	1119	ਦੀਨ ਬਿਨਉ ਸੁਨੁ ਦਇਆਲ॥		Dheen Bino Sun Dhaeiaal ||	Please listen to the prayers of the humble, O Merciful Lord.	ਹੇ ਦਇਆਲ ਪ੍ਰਭੂ! ਹੇ ਅਨਾਥਾਂ ਦੇ ਨਾਥ! ਮੇਰੀ ਗਰੀਬ ਦੀ ਬੇਨਤੀ ਸੁਣ-
47943	1119	ਪੰਚ ਦਾਸ ਤੀਨਿ ਦੋਖੀ ਏਕ ਮਨੁ ਅਨਾਥ ਨਾਥ॥		Panch Dhaas Theen Dhokhee Eaek Man Anaathh Naathh ||	The five thieves and the three dispositions torment my mind.	(ਮੇਰਾ ਇਹ) ਇਕ ਮਨ ਹੈ, (ਕਾਮਾਦਿਕ) ਪੰਜਾਂ ਦਾ ਗ਼ੁਲਾਮ (ਬਣਿਆ ਪਿਆ) ਹੈ, ਮਾਇਆ ਦੇ ਤਿੰਨ ਗੁਣ ਇਸ ਦੇ ਵੈਰੀ ਹਨ।
47944	1119	ਰਾਖੁ ਹੋ ਕਿਰਪਾਲ॥ਰਹਾਉ॥	ਹੋ: ਹੇ	Raakh Ho Kirapaal || Rehaao ||	O Merciful Lord, Master of the masterless, please save me from them. ||Pause||	ਹੇ ਕਿਰਪਾਲ ਪ੍ਰਭੂ! (ਮੈਨੂੰ ਇਹਨਾਂ ਤੋਂ) ਬਚਾ ਲੈ ॥ ਰਹਾਉ॥
47945	1119	ਅਨਿਕ ਜਤਨ ਗਵਨੁ ਕਰਉ॥		Anik Jathan Gavan Karo ||	I make all sorts of efforts and go on pilgrimages;	ਹੇ ਪ੍ਰਭੂ! (ਇਹਨਾਂ ਤੋਂ ਬਚਣ ਲਈ) ਮੈਂ ਕਦੀ ਜਤਨ ਕਰਦਾ ਹਾਂ, ਮੈਂ ਤੀਰਥਾਂ ਤੇ ਜਾਂਦਾ ਹਾਂ,
47946	1119	ਖਟੁ ਕਰਮ ਜੁਗਤਿ ਧਿਆਨੁ ਧਰਉ॥		Khatt Karam Jugath Dhhiaan Dhharo ||	I perform the six rituals, and meditate in the right way.	ਮੈਂ ਛੇ (ਰੋਜ਼ਾਨਾ) ਕਰਮਾਂ ਦੀ ਮਰਯਾਦਾ ਨਿਬਾਹੁੰਦਾ ਹਾਂ, ਮੈਂ ਸਮਾਧੀਆਂ ਲਾਂਦਾ ਹਾਂ।

47947	1119	ਉਪਾਵ ਸਗਲ ਕਰਿ ਹਾਰਿਓ ਨਹ ਨਹ ਹੁਟਹਿ ਬਿਕਰਾਲ॥੧॥	(ਹੁਟਹਿ) ਹਟਦੇ	Oupaav Sagal Kar Haariou Neh Neh Huttehi Bikaraal ||1||	I am so tired of making all these efforts, but the horrible demons still do not leave me. ||1||	ਹੇ ਪ੍ਰਭੂ! ਮੈਂ ਸਾਰੇ ਹੀਲੇ ਕਰ ਕੇ ਥੱਕ ਗਿਆ ਹਾਂ, ਪਰ ਇਹ ਡਰਾਉਣੇ ਵਿਕਾਰ (ਮੇਰੇ ਉੱਤੇ ਹੱਲੇ ਕਰਨੋਂ) ਥੱਕਦੇ ਨਹੀਂ ਹਨ ॥੧॥
47948	1119	ਸਰਣਿ ਬੰਦਨ ਕਰੁਣਾਪਤੇ॥		Saran Bandhan Karunaa Pathae ||	I seek Your Sanctuary, and bow to You, O Compassionate Lord.	ਹੇ ਦਇਆ ਦੇ ਮਾਲਕ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ, ਮੈਂ ਤੇਰੇ ਦਰ ਤੇ ਸਿਰ ਨਿਵਾਉਂਦਾ ਹਾਂ।
47949	1119	ਭਵ ਹਰਣ ਹਰਿ ਹਰਿ ਹਰਿ ਹਰੇ॥		Bhav Haran Har Har Har Harae ||	You are the Destroyer of fear, O Lord, Har, Har, Har, Har.	ਹੇ ਜਨਮ ਮਰਨ ਦਾ ਗੇੜ ਦੂਰ ਕਰਨ ਵਾਲੇ ਹਰੀ!
47950	1119	ਏਕ ਤੂਹੀ ਦੀਨ ਦਇਆਲ॥		Eaek Thoohee Dheen Dhaeiaal ||	You alone are Merciful to the meek.	ਹੇ ਦੀਨਾਂ ਉਤੇ ਦਇਆ ਕਰਨ ਵਾਲੇ! (ਮੇਰਾ) ਸਿਰਫ਼ ਤੂੰ ਹੀ (ਰਾਖਾ) ਹੈਂ।
47951	1119	ਪ੍ਰਭ ਚਰਨ ਨਾਨਕ ਆਸਰੋ॥		Prabh Charan Naanak Aasaro ||	Nanak takes the Support of God's Feet.	ਹੇ ਪ੍ਰਭੂ! ਨਾਨਕ ਨੂੰ ਤੇਰੇ ਹੀ ਚਰਨਾਂ ਦਾ ਆਸਰਾ ਹੈ।
47952	1119	ਉਧਰੇ ਭ੍ਰਮ ਮੋਹ ਸਾਗਰ॥		Oudhharae Bhram Moh Saagar ||	I have been rescued from the ocean of doubt,	ਹੇ ਪ੍ਰਭੂ! (ਅਨੇਕਾਂ ਜੀਵ) ਭਰਮ ਤੇ ਮੋਹ ਦੇ ਸਮੁੰਦਰ (ਵਿਚ ਡੁੱਬਣ) ਤੋਂ ਬਚ ਗਏ,
47953	1119	ਲਗਿ ਸੰਤਨਾ ਪਗ ਪਾਲ॥੨॥੧॥੨॥	(ਪਗ) ਚਰਨੀ (ਪਾਲ) ਪੱਲੇ।ਪਗ: ਪੋਲਾ ਬੋਲੋ	Lag Santhanaa Pag Paal ||2||1||2||	Holding tight to the feet and the robes of the Saints. ||2||1||2||	ਤੇਰੇ ਸੰਤ ਜਨਾਂ ਦੀ ਚਰਨੀਂ ਲੱਗ ਕੇ, ਤੇਰੇ ਸੰਤ ਜਨਾਂ ਦਾ ਪੱਲਾ ਫੜ ਕੇ ॥੨॥੧॥੨॥

47954	1119	ਕੇਦਾਰਾ ਮਹਲਾ ੫ ਘਰੁ ੪		Kaedhaaraa Mehalaa 5 Ghar 4	Kaydaaraa, Fifth Mehl, Fourth House:	ਰਾਗ ਕੇਦਾਰਾ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
47955	1119	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
47956	1119	ਸਰਨੀ ਆਇਓ ਨਾਥ ਨਿਧਾਨ॥		Saranee Aaeiou Naathh Nidhhaan ||	I have come to Your Sanctuary, O Lord, O Supreme Treasure.	ਹੇ ਨਾਥ! ਹੇ (ਸਭ ਸੁਖਾਂ ਦੇ) ਖ਼ਜ਼ਾਨੇ! ਮੈਂ ਤੇਰੀ ਸਰਨ ਆਇਆ ਹਾਂ
47957	1119	ਨਾਮ ਪ੍ਰੀਤਿ ਲਾਗੀ ਮਨ ਭੀਤਰਿ ਮਾਗਨ ਕਉ ਹਰਿ ਦਾਨ॥੧॥ਰਹਾਉ॥		Naam Preeth Laagee Man Bheethar Maagan Ko Har Dhaan ||1|| Rehaao ||	Love for the Naam, the Name of the Lord, is enshrined within my mind; I beg for the gift of Your Name. ||1||Pause||	ਮੇਰੇ ਮਨ ਵਿਚ ਤੇਰੇ ਨਾਮ ਦਾ ਪਿਆਰ ਪੈਦਾ ਹੋ ਗਿਆ ਹੈ। ਹੇ ਹਰੀ! ਤੇਰੇ ਨਾਮ ਦਾ ਦਾਨ ਮੰਗਣ ਲਈ (ਮੈਂ ਤੇਰੀ ਸਰਨ ਪਿਆ ਹਾਂ) ॥੧॥ ਰਹਾਉ ॥
47958	1119	ਸੁਖਦਾਈ ਪੂਰਨ ਪਰਮੇਸੁਰ ਕਰਿ ਕਿਰਪਾ ਰਾਖਹੁ ਮਾਨ॥		Sukhadhaaee Pooran Paramaesur Kar Kirapaa Raakhahu Maan ||	O Pefect Transcendent Lord, Giver of Peace, please grant Your Grace and save my honor.	ਹੇ ਸੁਖ ਦਾਤੇ! ਹੇ ਸਰਬ ਗੁਣ ਭਰਪੂਰ! ਹੇ ਸਭ ਤੋਂ ਉੱਚੇ ਮਾਲਕ! ਮਿਹਰ ਕਰ, (ਮੇਰੀ ਸਰਨ ਪਏ ਦੀ) ਲਾਜ ਰੱਖ।

47959	1119	ਦੇਹੁ ਪ੍ਰੀਤਿ ਸਾਧੂਸੰਗਿ ਸੁਆਮੀ ਹਰਿ ਗੁਨ ਰਸਨ ਬਖਾਨ॥੧॥		Dhaehu Preeth Saadhhoo Sang Suaamee Har Gun Rasan Bakhaan ||1||	Please bless me with such love, O my Lord and Master, that in the Saadh Sangat, the Company of the Holy, I may chant the Glorious Praises of the Lord with my tongue. ||1||	ਹੇ ਸੁਆਮੀ! ਗੁਰੂ ਦੀ ਸੰਗਤ ਵਿਚ (ਰੱਖ ਕੇ ਮੈਨੂੰ ਆਪਣਾ) ਪਿਆਰ ਬਖ਼ਸ਼। ਹੇ ਹਰੀ! ਮੇਰੀ ਜੀਭ ਤੇਰੇ ਗੁਣ ਉਚਾਰਦੀ ਰਹੇ ॥੧॥
47960	1119	ਗੋਪਾਲ ਦਇਆਲ ਗੋਬਿਦ ਦਮੋਦਰ ਨਿਰਮਲ ਕਥਾ ਗਿਆਨ॥		Gopaal Dhaeiaal Gobidh Dhamodhar Niramal Kathhaa Giaan ||	O Lord of the World, Merciful Lord of the Universe, Your sermon and spiritual wisdom are immaculate and pure.	ਹੇ ਗੋਪਾਲ! ਹੇ ਦਇਆਲ! ਹੇ ਗੋਬਿੰਦ! ਹੇ ਦਮੋਦਰ! ਮੈਨੂੰ ਆਪਣੀ ਪਵਿੱਤਰ ਸਿਫ਼ਤ-ਸਾਲਾਹ ਦੀ ਸੂਝ (ਬਖ਼ਸ਼)।
47961	1119	ਨਾਨਕ ਕਉ ਹਰਿ ਕੈ ਰੰਗਿ ਰਾਗਹੁ ਚਰਨਕਮਲ ਸੰਗਿ ਧਿਆਨ॥੨॥੧॥੩॥	ਰਾਂਗਹੁ	Naanak Ko Har Kai Rang Raagahu Charan Kamal Sang Dhhiaan ||2||1||3||	Please attune Nanak to Your Love, O Lord, and focus his meditation on Your Lotus Feet. ||2||1||3||	ਹੇ ਹਰੀ! ਨਾਨਕ ਨੂੰ ਆਪਣੇ (ਪਿਆਰ-) ਰੰਗ ਵਿਚ ਰੰਗ ਦੇਹ। (ਨਾਨਕ ਦੀ) ਸੁਰਤ ਤੇਰੇ ਸੋਹਣੇ ਚਰਨਾਂ ਵਿਚ ਟਿਕੀ ਰਹੇ ॥੨॥੧॥੩॥
47962	1119	ਕੇਦਾਰਾ ਮਹਲਾ ੫॥		Kaedhaaraa Mehalaa 5 ||	Kaydaaraa, Fifth Mehl:	
47963	1119	ਹਰਿ ਕੇ ਦਰਸਨ ਕੋ ਮਨਿ ਚਾਉ॥		Har Kae Dharasan Ko Man Chaao ||	My mind yearns for the Blessed Vision of the Lord's Darshan.	ਮੇਰੇ ਮਨ ਵਿਚ ਹਰੀ ਦੇ ਦਰਸਨ ਦੀ ਤਾਂਘ ਹੈ।

47964	1119	ਕਰਿ ਕਿਰਪਾ ਸਤਸੰਗਿ ਮਿਲਾਵਹੁ ਤੁਮ ਦੇਵਹੁ ਅਪਨੋ ਨਾਉ॥ਰਹਾਉ॥		Kar Kirapaa Sathasang Milaavahu Thum Dhaevahu Apano Naao || Rehaao ||	Please grant Your Grace, and unite me with the Society of the Saints; please bless me with Your Name. ||Pause||	ਹੇ ਹਰੀ! ਮਿਹਰ ਕਰ ਕੇ ਮੈਨੂੰ ਸਾਧ ਸੰਗਤ ਵਿਚ ਮਿਲਾਈ ਰੱਖ, (ਤੇ ਉਥੇ ਰੱਖ ਕੇ) ਮੈਨੂੰ ਆਪਣਾ ਨਾਮ ਬਖ਼ਸ਼ ॥ ਰਹਾਉ॥
47965	1119	ਕਰਉ ਸੇਵਾ ਸਤ ਪੁਰਖ ਪਿਆਰੇ ਜਤ ਸੁਨੀਐ ਤਤ ਮਨਿ ਰਹਸਾਉ॥	(ਰਹਸਾਉ)ਅਨੰਦ। ਜਤ, ਤਤ: ਪੋਲੇ ਬੋਲੋ	Karo Saevaa Sath Purakh Piaarae Jath Suneeai Thath Man Rehasaao ||	I serve my True Beloved Lord. Wherever I hear His Praise, there my mind is in ecstasy.	ਹੇ ਪਿਆਰੇ ਹਰੀ! (ਮਿਹਰ ਕਰ) ਮੈਂ ਗੁਰਮੁਖਾਂ ਦੀ ਸੇਵਾ ਕਰਦਾ ਰਹਾਂ (ਕਿਉਂਕਿ ਗੁਰਮੁਖਾਂ ਦੀ ਸੰਗਤ ਵਿਚ) ਜਿਥੇ ਭੀ ਤੇਰਾ ਨਾਮ ਸੁਣਿਆ ਜਾਂਦਾ ਹੈ ਉਥੇ ਹੀ ਮਨ ਵਿਚ ਖ਼ੁਸ਼ੀ ਪੈਦਾ ਹੁੰਦੀ ਹੈ।
47966	1120	ਵਾਰੀ ਫੇਰੀ ਸਦਾ ਘੁਮਾਈ ਕਵਨੁ ਅਨੂਪੁ ਤੇਰੋ ਠਾਉ॥੧॥		Vaaree Faeree Sadhaa Ghumaaee Kavan Anoop Thaero Thaao ||1||	I am a sacrifice, a sacrifice, forever devoted to You. Your place is incomparably beautiful! ||1||	ਹੇ ਪ੍ਰਭੂ! ਮੈਂ ਤੈਥੋਂ ਵਾਰਨੇ ਜਾਂਦਾ ਹਾਂ, ਤੈਥੋਂ ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ, (ਜਿੱਥੇ ਤੂੰ ਵੱਸਦਾ ਹੈਂ) ਤੇਰਾ (ਉਹ) ਥਾਂ ਬਹੁਤ ਹੀ ਸੋਹਣਾ ਹੈ ॥੧॥
47967	1120	ਸਰਬ ਪ੍ਰਤਿਪਾਲਹਿ ਸਗਲ ਸਮਾਲਹਿ ਸਗਲਿਆ ਤੇਰੀ ਛਾਉ॥		Sarab Prathipaalehi Sagal Samaalehi Sagaliaa Thaeree Shhaao ||	You cherish and nurture all; You take care of all, and Your shade covers all.	ਹੇ ਪ੍ਰਭੂ! ਤੂੰ ਸਭ ਜੀਵਾਂ ਦੀ ਪਾਲਣਾ ਕਰਦਾ ਹੈਂ, ਤੂੰ ਸਭ ਦੀ ਸੰਭਾਲ ਕਰਦਾ ਹੈਂ, ਸਭ ਜੀਵਾਂ ਨੂੰ ਤੇਰਾ ਹੀ ਆਸਰਾ ਹੈ।

47968	1120	ਨਾਨਕ ਕੇ ਪ੍ਰਭ ਪੁਰਖ ਬਿਧਾਤੇ ਘਟਿ ਘਟਿ ਤੁਝਹਿ ਦਿਖਾਉ॥੨॥੨॥੪॥		Naanak Kae Prabh Purakh Bidhhaathae Ghatt Ghatt Thujhehi Dhikhaao ||2||2||4||	You are the Primal Creator, the God of Nanak; I behold You in each and every heart. ||2||2||4||	ਹੇ ਨਾਨਕ ਦੇ ਪ੍ਰਭੂ! ਹੇ ਸਰਬ-ਵਿਆਪਕ ਸਿਰਜਣਹਾਰ! (ਮਿਹਰ ਕਰ) ਮੈਂ ਤੈਨੂੰ ਹੀ ਹਰੇਕ ਸਰੀਰ ਵਿਚ ਵੇਖਦਾ ਰਹਾਂ ॥੨॥੨॥੪॥
47969	1120	ਕੇਦਾਰਾ ਮਹਲਾ ੫॥		Kaedhaaraa Mehalaa 5 ||	Kaydaaraa, Fifth Mehl:	
47970	1120	ਪ੍ਰਿਅ ਕੀ ਪ੍ਰੀਤਿ ਪਿਆਰੀ॥		Pria Kee Preeth Piaaree ||	I love the Love of my Beloved.	ਪਿਆਰੇ ਪ੍ਰਭੂ ਦੀ ਪ੍ਰੀਤ ਮੇਰੇ ਮਨ ਨੂੰ ਖਿੱਚ ਪਾਂਦੀ ਰਹਿੰਦੀ ਹੈ।
47971	1120	ਮਗਨ ਮਨੈ ਮਹਿ ਚਿਤਵਉ ਆਸਾ ਨੈਨਹੁ ਤਾਰ ਤੁਹਾਰੀ॥ਰਹਾਉ॥		Magan Manai Mehi Chithavo Aasaa Nainahu Thaar Thuhaaree || Rehaao ||	My mind is intoxicated with delight, and my consciousness is filled with hope; my eyes are drenched with Your Love. ||Pause||	ਹੇ ਪ੍ਰਭੂ! ਆਪਣੇ ਮਨ ਵਿਚ ਹੀ ਮਸਤ (ਰਹਿ ਕੇ) ਮੈਂ (ਤੇਰੇ ਦਰਸਨ ਦੀਆਂ) ਆਸਾਂ ਚਿਤਵਦਾ ਰਹਿੰਦਾ ਹਾਂ, ਮੇਰੀਆਂ ਅੱਖਾਂ ਵਿਚ (ਤੇਰੇ ਹੀ ਦਰਸਨ ਦੀ) ਤਾਂਘ-ਭਰੀ ਉਡੀਕ ਬਣੀ ਰਹਿੰਦੀ ਹੈ ॥ ਰਹਾਉ॥
47972	1120	ਓਇ ਦਿਨ ਪਹਰ ਮੂਰਤ ਪਲ ਕੈਸੇ ਓਇ ਪਲ ਘਰੀ ਕਿਹਾਰੀ॥	(ਕਿਹਾਰੀ) ਕੇਹੋ ਜੇਹੀ	Oue Dhin Pehar Moorath Pal Kaisae Oue Pal Gharee Kihaaree ||	Blessed is that day, that hour, minute and second when the heavy, rigid shutters are opened, and desire is quenched.	ਉਹ ਦਿਹਾੜੇ, ਉਹ ਪਹਰ, ਉਹ ਮੁਹੂਰਤ, ਉਹ ਪਲ ਬੜੇ ਹੀ ਭਾਗਾਂ ਵਾਲੇ ਹੁੰਦੇ ਹਨ, ਉਹ ਘੜੀ ਭੀ ਬੜੀ ਭਾਗਾਂ ਵਾਲੀ ਹੁੰਦੀ ਹੈ,

47973	1120	ਖੂਲੇ ਕਪਟ ਧਪਟ ਬੁਝਿ ਤ੍ਰਿਸਨਾ ਜੀਵਉ ਪੇਖਿ ਦਰਸਾਰੀ॥੧॥		Khoolae Kapatt Dhhapatt Bujh Thrisanaa Jeevo Paekh Dharasaaree ||1||	Seeing the Blessed Vision of Your Darshan, I live. ||1||	ਜਦੋਂ (ਮਨੁੱਖ ਦੇ ਅੰਦਰੋਂ) ਮਾਇਆ ਦੀ ਤ੍ਰਿਸ਼ਨਾ ਮਿਟ ਕੇ ਉਸ ਦੇ (ਮਨ ਦੇ ਬੰਦ ਹੋ ਚੁਕੇ) ਕਿਵਾੜ ਝਟਪਟ ਖੁਲ੍ਹ ਜਾਂਦੇ ਹਨ। ਪ੍ਰਭੂ ਦਾ ਦਰਸਨ ਕਰ ਕੇ (ਮੇਰੇ ਅੰਦਰ ਤਾਂ) ਆਤਮਕ ਜੀਵਨ ਪੈਦਾ ਹੁੰਦਾ ਹੈ ॥੧॥
47974	1120	ਕਵਨੁ ਸੁ ਜਤਨੁ ਉਪਾਉ ਕਿਨੇਹਾ ਸੇਵਾ ਕਉਨ ਬੀਚਾਰੀ॥		Koun S Jathan Oupaao Kinaehaa Saevaa Koun Beechaaree ||	What is the method, what is the effort, and what is the service, which inspires me to contemplate You?	(ਹੇ ਭਾਈ!) ਮੈਂ ਉਹ ਕਿਹੜਾ ਜਤਨ ਦੱਸਾਂ? ਉਹ ਕਿਹੜਾ ਹੀਲਾ ਦੱਸਾਂ? ਮੈਂ ਉਹ ਕਿਹੜੀ ਸੇਵਾ ਵਿਚਾਰਾਂ (ਜਿਨ੍ਹਾਂ ਦਾ ਸਦਕਾ ਪਿਆਰੇ ਪ੍ਰਭੂ ਦਾ ਦਰਸਨ ਹੋ ਸਕਦਾ ਹੈ)।
47975	1120	ਮਾਨੁ ਅਭਿਮਾਨੁ ਮੋਹੁ ਤਜਿ ਨਾਨਕ ਸੰਤਹ ਸੰਗਿ ਉਧਾਰੀ॥੨॥੩॥੫॥		Maan Abhimaan Mohu Thaj Naanak Santheh Sang Oudhhaaree ||2||3||5||	Abandon your egotistical pride and attachment; O Nanak, you shall be saved in the Society of the Saints. ||2||3||5||	ਹੇ ਨਾਨਕ! ਸੰਤ ਜਨਾਂ ਦੀ ਸੰਗਤ ਵਿਚ ਮਾਣ ਅਹੰਕਾਰ ਮੋਹ ਤਿਆਗ ਕੇ ਹੀ ਪਾਰ-ਉਤਾਰਾ ਹੁੰਦਾ ਹੈ (ਤੇ ਪ੍ਰਭੂ ਦਾ ਮਿਲਾਪ ਹੁੰਦਾ ਹੈ) ॥੨॥੩॥੫॥
47976	1120	ਕੇਦਾਰਾ ਮਹਲਾ ੫॥		Kaedhaaraa Mehalaa 5 ||	Kaydaaraa, Fifth Mehl:	
47977	1120	ਹਰਿ ਹਰਿ ਹਰਿ ਗੁਨ ਗਾਵਹੁ॥		Har Har Har Gun Gaavahu ||	Sing the Glorious Praises of the Lord, Har, Har, Har.	ਸਦਾ ਪਰਮਾਤਮਾ ਦੇ ਗੁਣ ਗਾਂਦੇ ਰਿਹਾ ਕਰੋ।

47978	1120	ਕਰਹੁ ਕ੍ਰਿਪਾ ਗੋਪਾਲ ਗੋਬਿਦੇ ਅਪਨਾ ਨਾਮੁ ਜਪਾਵਹੁ॥ਰਹਾਉ॥		Karahu Kirapaa Gopaal Gobidhae Apanaa Naam Japaavahu || Rehaao ||	Have Mercy on me, O Life of the World, O Lord of the Universe, that I may chant Your Name. ||Pause||	ਹੇ ਗੋਪਾਲ! ਹੇ ਗੋਬਿੰਦ! (ਮੇਰੇ ਉਤੇ) ਮਿਹਰ ਕਰ, ਮੈਨੂੰ ਆਪਣਾ ਨਾਮ ਜਪਣ ਵਿਚ ਸਹਾਇਤਾ ਕਰ ॥ ਰਹਾਉ॥
47979	1120	ਕਾਢਿ ਲੀਏ ਪ੍ਰਭ ਆਨ ਬਿਖੈ ਤੇ ਸਾਧਸੰਗਿ ਮਨੁ ਲਾਵਹੁ॥		Kaadt Leeeae Prabh Aan Bikhai Thae Saadhhasang Man Laavahu ||	Please lift me up, God, out of vice and corruption, and attach my mind to the Saadh Sangat, the Company of the Holy.	ਹੇ ਪ੍ਰਭੂ! ਤੂੰ ਮਨੁੱਖਾਂ ਦਾ ਮਨ ਸਾਧ ਸੰਗਤ ਵਿਚ ਲਾਂਦਾ ਹੈਂ, ਉਹਨਾਂ ਨੂੰ ਤੂੰ ਹੋਰ ਹੋਰ ਵਿਸ਼ਿਆਂ ਵਿਚੋਂ ਕੱਢ ਲਿਆ ਹੈ।
47980	1120	ਭ੍ਰਮੁ ਭਉ ਮੋਹੁ ਕਟਿਓ ਗੁਰ ਬਚਨੀ ਅਪਨਾ ਦਰਸੁ ਦਿਖਾਵਹੁ॥੧॥		Bhram Bho Mohu Kattiou Gur Bachanee Apanaa Dharas Dhikhaavahu ||1||	Doubt, fear and attachment are eradicated from that person who follows the Guru's Teachings, and gazes on the Blessed Vision of His Darshan. ||1||	ਹੇ ਪ੍ਰਭੂ! ਜਿਨ੍ਹਾਂ ਨੂੰ ਤੂੰ ਆਪਣਾ ਦਰਸਨ ਦੇਂਦਾ ਹੈਂ, ਗੁਰੂ ਦੇ ਬਚਨਾਂ ਦੀ ਰਾਹੀਂ ਉਹਨਾਂ ਦਾ ਭਰਮ ਉਹਨਾਂ ਦਾ ਡਰ ਉਹਨਾਂ ਦਾ ਮੋਹ ਕੱਟਿਆ ਜਾਂਦਾ ਹੈ ॥੧॥
47981	1120	ਸਭ ਕੀ ਰੇਨ ਹੋਇ ਮਨੁ ਮੇਰਾ ਅਹੰਬੁਧਿ ਤਜਾਵਹੁ॥		Sabh Kee Raen Hoe Man Maeraa Ahanbudhh Thajaavahu ||	Let my mind become the dust of all; may I abandon my egotistical intellect.	ਹੇ ਪ੍ਰਭੂ! (ਮਿਹਰ ਕਰ, ਮੇਰੇ ਅੰਦਰੋਂ) ਹਉਮੈ ਦੂਰ ਕਰਾ, ਮੇਰਾ ਮਨ ਸਭਨਾਂ ਦੇ ਚਰਨਾਂ ਦੀ ਧੂੜ ਹੋਇਆ ਰਹੇ।

47982	1120	ਅਪਨੀ ਭਗਤਿ ਦੇਹਿ ਦਇਆਲਾ ਵਡਭਾਗੀ ਨਾਨਕ ਹਰਿ ਪਾਵਹੁ॥੨॥੪॥੬॥		Apanee Bhagath Dhaehi Dhaeiaalaa Vaddabhaagee Naanak Har Paavahu ||2||4||6||	Please bless me with Your devotional worship, O Merciful Lord; by great good fortune, O Nanak, I have found the Lord. ||2||4||6||	ਹੇ ਦਇਆਲ ਪ੍ਰਭੂ! (ਮਿਹਰ ਕਰ, ਮੈਨੂੰ) ਆਪਣੀ ਭਗਤੀ (ਦੀ ਦਾਤਿ) ਬਖ਼ਸ਼। ਹੇ ਨਾਨਕ! ਤੁਸੀਂ ਵੱਡੇ ਭਾਗਾਂ ਨਾਲ (ਹੀ) ਪਰਮਾਤਮਾ ਦਾ ਮਿਲਾਪ ਕਰ ਸਕਦੇ ਹੋ ॥੨॥੪॥੬॥
47983	1120	ਕੇਦਾਰਾ ਮਹਲਾ ੫॥		Kaedhaaraa Mehalaa 5 ||	Kaydaaraa, Fifth Mehl:	
47984	1120	ਹਰਿ ਬਿਨੁ ਜਨਮੁ ਅਕਾਰਥ ਜਾਤ॥		Har Bin Janam Akaarathh Jaath ||	Without the Lord, life is useless.	ਪਰਮਾਤਮਾ (ਦੇ ਭਜਨ) ਤੋਂ ਬਿਨਾ ਜ਼ਿੰਦਗੀ ਵਿਅਰਥ ਚਲੀ ਜਾਂਦੀ ਹੈ।
47985	1120	ਤਜਿ ਗੋਪਾਲ ਆਨ ਰੰਗਿ ਰਾਚਤ ਮਿਥਿਆ ਪਹਿਰਤ ਖਾਤ॥ਰਹਾਉ॥		Thaj Gopaal Aan Rang Raachath Mithhiaa Pehirath Khaath || Rehaao ||	Those who forsake the Lord, and become engrossed in other pleasures - false and useless are the clothes they wear, and the food they eat. ||Pause||	(ਜਿਹੜਾ ਮਨੁੱਖ) ਪਰਮਾਤਮਾ (ਦੀ ਯਾਦ) ਭੁਲਾ ਕੇ ਹੋਰ ਹੋਰ ਰੰਗ ਵਿਚ ਮਸਤ ਰਹਿੰਦਾ ਹੈ, ਉਸ ਦਾ ਪਹਿਨਣਾ ਖਾਣਾ ਸਭ ਕੁਝ ਵਿਅਰਥ ਹੈ ॥ ਰਹਾਉ॥
47986	1120	ਧਨੁ ਜੋਬਨੁ ਸੰਪੈ ਸੁਖ ਭੁੋਗਵੈ ਸੰਗਿ ਨ ਨਿਬਹਤ ਮਾਤ॥	(ਮਾਤ) ਨਿਮਖ ਮਾਤ੍ਰ	Dhhan Joban Sanpai Sukh Bhuogavai Sang N Nibehath Maath ||	The pleasures of wealth, youth, property and comforts will not stay with you, O mother.	(ਮਨੁੱਖ ਇਥੇ) ਧਨ ਦੌਲਤ (ਇਕੱਠੀ ਕਰਦਾ ਹੈ), ਜੁਆਨੀ ਸੁਖ ਮਾਣਦਾ ਹੈ (ਪਰ ਇਹਨਾਂ ਵਿਚੋਂ ਕੋਈ ਭੀ ਚੀਜ਼ ਜਗਤ ਤੋਂ ਤੁਰਨ ਵੇਲੇ) ਰਤਾ ਭਰ ਭੀ (ਮਨੁੱਖ ਦੇ) ਨਾਲ ਨਹੀਂ ਜਾਂਦੀ।

47987	1120	ਮ੍ਰਿਗ ਤ੍ਰਿਸਨਾ ਦੇਖਿ ਰਚਿਓ ਬਾਵਰ ਦ੍ਰੁਮ ਛਾਇਆ ਰੰਗਿ ਰਾਤ॥੧॥		Mrig Thrisanaa Dhaekh Rachiou Baavar Dhraam Shhaaeiaa Rang Raath ||1||	Seeing the mirage, the madman is entangled in it; he is imbued with pleasures that pass away, like the shade of a tree. ||1||	ਝੱਲਾ ਮਨੁੱਖ (ਮਾਇਆ ਦੇ ਇਸ) ਠਗ-ਨੀਰੇ ਨੂੰ ਵੇਖ ਕੇ ਇਸ ਵਿਚ ਮਸਤ ਰਹਿੰਦਾ ਹੈ (ਮਾਨੇ) ਰੁੱਖ ਦੀ ਛਾਂ ਦੀ ਮੌਜ ਵਿਚ ਮਸਤ ਹੈ ॥੧॥
47988	1120	ਮਾਨ ਮੋਹ ਮਹਾ ਮਦ ਮੋਹਤ ਕਾਮ ਕ੍ਰੋਧ ਕੈ ਖਾਤ॥		Maan Moh Mehaa Madh Mohath Kaam Krodhh Kai Khaath ||	Totally intoxicated with the wine of pride and attachment, he has fallen into the pit of sexual desire and anger.	ਮਨੁੱਖ (ਦੁਨੀਆ ਦੇ) ਮਾਣ ਮੋਹ ਦੇ ਭਾਰੇ ਨਸ਼ੇ ਵਿਚ ਮੋਹਿਆ ਰਹਿੰਦਾ ਹੈ, ਕਾਮ ਕ੍ਰੋਧ ਦੇ ਟੋਏ ਵਿਚ ਡਿੱਗਾ ਰਹਿੰਦਾ ਹੈ।
47989	1120	ਕਰੁ ਗਹਿ ਲੇਹੁ ਦਾਸ ਨਾਨਕ ਕਉ ਪ੍ਰਭ ਜੀਉ ਹੋਇ ਸਹਾਤ॥੨॥੫॥੭॥		Kar Gehi Laehu Dhaas Naanak Ko Prabh Jeeo Hoe Sehaath ||2||5||7||	O Dear God, please be the Help and Support of servant Nanak; please take me by the hand, and uplift me. ||2||5||7||	ਹੇ ਪ੍ਰਭੂ ਜੀ! (ਨਾਨਕ ਦਾ) ਸਹਾਈ ਬਣ ਕੇ ਦਾਸ ਨਾਨਕ ਨੂੰ ਹੱਥ ਫੜ ਕੇ (ਇਸ ਟੋਏ ਵਿਚ ਡਿੱਗਣੋਂ) ਬਚਾ ਲੈ ॥੨॥੫॥੭॥
47990	1120	ਕੇਦਾਰਾ ਮਹਲਾ ੫॥		Kaedhaaraa Mehalaa 5 ||	Kaydaaraa, Fifth Mehl:	
47991	1120	ਹਰਿ ਬਿਨੁ ਕੋਇ ਨ ਚਾਲਸਿ ਸਾਥ॥		Har Bin Koe N Chaalas Saathh ||	Nothing goes along with the mortal, except for the Lord.	(ਜਗਤ ਤੋਂ ਤੁਰਨ ਵੇਲੇ) ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ (ਜੀਵ ਦੇ) ਨਾਲ ਨਹੀਂ ਜਾਂਦਾ।

47992	1120	ਦੀਨਾ ਨਾਥ ਕਰੁਣਾਪਤਿ ਸੁਆਮੀ ਅਨਾਥਾ ਕੇ ਨਾਥ॥ਰਹਾਉ॥		Dheenaa Naathh Karunaapath Suaamee Anaathhaa Kae Naathh || Rehaao ||	He is the Master of the meek, the Lord of Mercy, my Lord and Master, the Master of the masterless. ||Pause||	ਹੇ ਦੀਨਾਂ ਦੇ ਨਾਥ! ਹੇ ਮਿਹਰਾਂ ਦੇ ਸਾਈਂ! ਹੇ ਸੁਆਮੀ! ਹੇ ਅਨਾਥਾਂ ਦੇ ਨਾਥ! (ਤੇਰਾ ਨਾਮ ਹੀ ਅਸਲ ਸਾਥੀ ਹੈ) ॥ ਰਹਾਉ॥
47993	1120	ਸੁਤ ਸੰਪਤਿ ਬਿਖਿਆ ਰਸ ਭੁੋਗਵਤ ਨਹ ਨਿਬਹਤ ਜਮ ਕੈ ਪਾਥ॥	(ਪਾਥ) ਰਸਤੇ। ਭੁੋ: ਹੋੜੇ ਔਂਕੜ ਵਿਚਾਲੇ ਬੋਲੋ	Suth Sanpath Bikhiaa Ras Bhuogavath Neh Nibehath Jam Kai Paathh ||	Children, possessions and the enjoyment of corrupt pleasures do not go along with the mortal on the path of Death.	(ਮਨੁੱਖ ਦੇ ਪਾਸ) ਪੁੱਤਰ (ਹੁੰਦੇ ਹਨ), ਧਨ (ਹੁੰਦਾ ਹੈ), (ਮਨੁੱਖ) ਮਾਇਆ ਦੇ ਅਨੇਕਾਂ ਰਸ ਭੋਗਦਾ ਹੈ, ਪਰ ਜਮਰਾਜ ਦੇ ਰਸਤੇ ਤੁਰਨ ਵੇਲੇ ਕੋਈ ਸਾਥ ਨਹੀਂ ਨਿਬਾਹੁੰਦਾ।
47994	1120	ਨਾਮੁ ਨਿਧਾਨੁ ਗਾਉ ਗੁਨ ਗੋਬਿੰਦ ਉਧਰੁ ਸਾਗਰ ਕੇ ਖਾਤ॥੧॥	ਔਗੁਣਾਂ ਤੋਂ (ਉ-ਧਰੁ) ਉਧਾਰਨਾ ਕਰੋ	Naam Nidhhaan Gaao Gun Gobindh Oudhhar Saagar Kae Khaath ||1||	Singing the Glorious Praises of the treasure of the Naam, and the Lord of the Universe, the mortal is carried across the deep ocean. ||1||	ਪਰਮਾਤਮਾ ਦਾ ਨਾਮ ਹੀ (ਨਾਲ ਨਿਭਣ ਵਾਲਾ ਅਸਲ) ਖ਼ਜ਼ਾਨਾ ਹੈ। ਗੋਬਿੰਦ ਦੇ ਗੁਣ ਗਾਇਆ ਕਰ, (ਇਸ ਤਰ੍ਹਾਂ ਆਪਣੇ ਆਪ ਨੂੰ) ਸੰਸਾਰ-ਸਮੁੰਦਰ ਦੇ (ਵਿਕਾਰਾਂ ਦੇ) ਟੋਟੇ (ਵਿਚ ਡਿੱਗਣ) ਤੋਂ ਬਚਾ ਲੈ ॥੧॥
47995	1120	ਸਰਨਿ ਸਮਰਥ ਅਕਥ ਅਗੋਚਰ ਹਰਿ ਸਿਮਰਤ ਦੁਖ ਲਾਥ॥	ਸਮਰੱਥ, ਅ-ਕਥ: ਪੋਲਾ ਬੋਲੋ	Saran Samarathh Akathh Agochar Har Simarath Dhukh Laathh ||	In the Sanctuary of the All-powerful, Indescribable, Unfathomable Lord, meditate in remembrance on Him, and your pains shall vanish.	ਹੇ ਸਮਰਥ! ਹੇ ਅਕੱਥ! ਹੇ ਅਗੋਚਰ! ਹੇ ਹਰੀ! (ਮੈਂ ਤੇਰੀ) ਸਰਨ (ਆਇਆ ਹਾਂ), (ਤੇਰਾ ਨਾਮ) ਸਿਮਰਦਿਆਂ ਸਾਰੇ ਦੁੱਖ ਦੂਰ ਹੋ ਜਾਂਦੇ ਹਨ।

47996	1120	ਨਾਨਕ ਦੀਨ ਧੂਰਿ ਜਨ ਬਾਂਛਤ ਮਿਲੈ ਲਿਖਤ ਧੁਰਿ ਮਾਥ॥੨॥੬॥੮॥		Naanak Dheen Dhhoor Jan Baanshhath Milai Likhath Dhhur Maathh ||2||6||8||	Nanak longs for the dust of the feet of the Lord's humble servant; he shall obtain it only if such pre-ordained destiny is written on his forehead. ||2||6||8||	ਗਰੀਬ ਨਾਨਕ ਤੇਰੇ ਸੰਤ ਜਨਾਂ ਦੀ ਚਰਨ-ਧੂੜ ਮੰਗਦਾ ਹੈ। ਇਹ ਚਰਨ-ਧੂੜ ਉਸ ਮਨੁੱਖ ਨੂੰ ਮਿਲਦੀ ਹੈ, ਜਿਸ ਦੇ ਮੱਥੇ ਉਤੇ ਧੁਰ-ਦਰਗਾਹ ਤੋਂ ਲਿਖੀ ਹੁੰਦੀ ਹੈ ॥੨॥੬॥੮॥
47997	1120	ਕੇਦਾਰਾ ਮਹਲਾ ੫ ਘਰੁ ੫		Kaedhaaraa Mehalaa 5 Ghar 5	Kaydaaraa, Fifth Mehl, Fifth House:	ਰਾਗ ਕੇਦਾਰਾ, ਘਰ ੫ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
47998	1120	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
47999	1120	ਬਿਸਰਤ ਨਾਹਿ ਮਨ ਤੇ ਹਰੀ॥		Bisarath Naahi Man Thae Haree ||	I do not forget the Lord in my mind.	(ਜਿਸ ਮਨੁੱਖ ਦੇ) ਮਨ ਤੋਂ ਪਰਮਾਤਮਾ ਨਹੀਂ ਭੁੱਲਦਾ,
48000	1120	ਅਬ ਇਹ ਪ੍ਰੀਤਿ ਮਹਾ ਪ੍ਰਬਲ ਭਈ ਆਨ ਬਿਖੈ ਜਰੀ॥ਰਹਾਉ॥		Ab Eih Preeth Mehaa Prabal Bhee Aan Bikhai Jaree || Rehaao ||	This love has now become very strong; it has burnt away other corruption. ||Pause||	ਉਸ ਦੇ ਅੰਦਰ ਆਖ਼ਰ ਇਹ ਪਿਆਰ ਇਤਨਾ ਬਲਵਾਨ ਹੋ ਜਾਂਦਾ ਹੈ ਕਿ ਹੋਰ ਸਾਰੇ ਵਿਸ਼ੇ (ਇਸ ਪ੍ਰੀਤ-ਅਗਨੀ ਵਿਚ) ਸੜ ਜਾਂਦੇ ਹਨ ॥ ਰਹਾਉ॥

48001	1120	ਬੂੰਦ ਕਹਾ ਤਿਆਗਿ ਚਾਤ੍ਰਿਕ ਮੀਨ ਰਹਤ ਨ ਘਰੀ॥		Boondh Kehaa Thiaag Chaathrik Meen Rehath N Gharee ||	How can the rainbird forsake the rain-drop? The fish cannot survive without water, even for an instant.	(ਵੇਖੋ ਪ੍ਰੀਤ ਦੇ ਕਾਰਨਾਮੇ!) ਪਪੀਹਾ (ਸ੍ਵਾਂਤੀ ਨਛੱਤ੍ਰ ਦੀ ਵਰਖਾ ਦੀ) ਬੂੰਦ ਛੱਡ ਕੇ ਕਿਸੇ ਹੋਰ ਬੂੰਦ ਨਾਲ ਤ੍ਰਿਪਤ ਨਹੀਂ ਹੁੰਦਾ। ਮੱਛੀ (ਦਾ ਪਾਣੀ ਨਾਲ ਇਤਨਾ ਪਿਆਰ ਹੈ ਕਿ ਉਹ ਪਾਣੀ ਤੋਂ ਬਿਨਾ) ਇਕ ਘੜੀ ਭੀ ਜੀਉ ਨਹੀਂ ਸਕਦੀ।
48002	1121	ਗੁਨ ਗੋਪਾਲ ਉਚਾਰੁ ਰਸਨਾ ਟੇਵ ਏਹ ਪਰੀ॥੧॥		Gun Gopaal Ouchaar Rasanaa Ttaev Eaeh Paree ||1||	My tongue chants the Glorious Praises of the Lord of the World; this has become part of my very nature. ||1||	ਆਪਣੀ ਜੀਭ ਨਾਲ ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੇ ਗੁਣ ਗਾਇਆ ਕਰ। (ਜਿਹੜਾ ਮਨੁੱਖ ਸਦਾ ਹਰਿ-ਗੁਣ ਉਚਾਰਦਾ ਹੈ, ਉਸ ਨੂੰ) ਇਹ ਆਦਤ ਹੀ ਬਣ ਜਾਂਦੀ ਹੈ (ਫਿਰ ਉਹ ਗੁਣ ਉਚਾਰਨ ਤੋਂ ਬਿਨਾ ਰਹਿ ਨਹੀਂ ਸਕਦਾ) ॥੧॥
48003	1121	ਮਹਾ ਨਾਦ ਕੁਰੰਕ ਮੋਹਿਓ ਬੇਧਿ ਤੀਖਨ ਸਰੀ॥		Mehaa Naadh Kurank Mohiou Baedhh Theekhan Saree ||	The deer is fascinated by the sound of the bell, and so it is shot with the sharp arrow.	(ਪ੍ਰੀਤ ਦਾ ਹੋਰ ਕਾਰਨਾਮਾ ਵੇਖ!) ਹਰਨ (ਘੰਡੇਹੇੜੇ ਦੀ) ਆਵਾਜ਼ ਨਾਲ ਮੋਹਿਆ ਜਾਂਦਾ ਹੈ (ਉਸ ਵਿਚ ਇਤਨਾ ਮਸਤ ਹੁੰਦਾ ਹੈ ਕਿ ਸ਼ਿਕਾਰੀ ਦੇ) ਤ੍ਰਿੱਖੇ ਤੀਰਾਂ ਨਾਲ ਵਿੱਝ ਜਾਂਦਾ ਹੈ।

48004	1121	ਪ੍ਰਭ ਚਰਨਕਮਲ ਰਸਾਲ ਨਾਨਕ ਗਾਠਿ ਬਾਧਿ ਧਰੀ॥੨॥੧॥੯॥	ਗਾਂਠਿ, ਬੱਾਧਿ	Prabh Charan Kamal Rasaal Naanak Gaath Baadhh Dhharee ||2||1||9||	God's Lotus Feet are the Source of Nectar; O Nanak, I am tied to them by a knot. ||2||1||9||	(ਇਸੇ ਤਰ੍ਹਾਂ) ਹੇ ਨਾਨਕ! (ਜਿਸ ਮਨੁੱਖ ਨੂੰ) ਪ੍ਰਭੂ ਦੇ ਸੋਹਣੇ ਚਰਨ ਮਿੱਠੇ ਲੱਗਦੇ ਹਨ, (ਉਹ ਮਨੁੱਖ ਇਹਨਾਂ ਚਰਨਾਂ ਨਾਲ ਆਪਣੇ ਮਨ ਦੀ ਪੱਕੀ) ਗੰਢ ਬੰਨ੍ਹ ਲੈਂਦਾ ਹੈ ॥੨॥੧॥੯॥
48005	1121	ਕੇਦਾਰਾ ਮਹਲਾ ੫॥		Kaedhaaraa Mehalaa 5 ||	Kaydaaraa, Fifth Mehl:	
48006	1121	ਪ੍ਰੀਤਮੁ ਬਸਤ ਰਿਦ ਮਹਿ ਖੋਰ॥		Preetham Basath Ridh Mehi Khor ||	My Beloved dwells in the cave of my heart.	ਹੇ ਪ੍ਰੀਤਮ ਪ੍ਰਭੂ! (ਮੇਰੇ) ਹਿਰਦੇ ਵਿਚ ਕੋਰਾ-ਪਨ ਵੱਸ ਰਿਹਾ ਹੈ (ਜੋ ਤੇਰੇ ਚਰਨਾਂ ਨਾਲ ਪਿਆਰ ਬਣਨ ਨਹੀਂ ਦੇਂਦਾ)।
48007	1121	ਭਰਮ ਭੀਤਿ ਨਿਵਾਰਿ ਠਾਕੁਰ ਗਹਿ ਲੇਹੁ ਅਪਨੀ ਓਰ॥੧॥ਰਹਾਉ॥		Bharam Bheeth Nivaar Thaakur Gehi Laehu Apanee Our ||1|| Rehaao ||	Shatter the wall of doubt, O my Lord and Master; please grab hold of me, and lift me up towards Yourself. ||1||Pause||	ਹੇ ਠਾਕੁਰ! (ਮੇਰੇ ਅੰਦਰੋਂ) ਭਟਕਣਾ ਦੀ ਕੰਧ ਦੂਰ ਕਰ (ਇਹ ਕੰਧ ਮੈਨੂੰ ਤੇਰੇ ਨਾਲੋਂ ਪਰੇ ਰੱਖ ਰਹੀ ਹੈ)। (ਮੇਰਾ ਹੱਥ) ਫੜ ਕੇ ਮੈਨੂੰ ਆਪਣੇ ਪਾਸੇ (ਜੋੜ) ਲੈ (ਆਪਣੇ ਚਰਨਾਂ ਵਿਚ ਜੋੜ ਲੈ) ॥੧॥ ਰਹਾਉ ॥
48008	1121	ਅਧਿਕ ਗਰਤ ਸੰਸਾਰ ਸਾਗਰ ਕਰਿ ਦਇਆ ਚਾਰਹੁ ਧੋਰ॥		Adhhik Garath Sansaar Saagar Kar Dhaeiaa Chaarahu Dhhor ||	The world-ocean is so vast and deep; please be kind, lift me up and place me on the shore.	ਹੇ ਪ੍ਰੀਤਮ! (ਤੇਰੇ ਇਸ) ਸੰਸਾਰ-ਸਮੁੰਦਰ ਵਿਚ (ਵਿਕਾਰਾਂ ਦੇ) ਅਨੇਕਾਂ ਗੜ੍ਹੇ ਹਨ, ਮਿਹਰ ਕੇ (ਮੈਨੂੰ ਇਹਨਾਂ ਤੋਂ ਬਚਾ ਕੇ) ਕੰਢੇ ਤੇ ਚਾੜ੍ਹ ਲੈ।

48009	1121	ਸੰਤਸੰਗਿ ਹਰਿ ਚਰਨ ਬੋਹਿਥ ਉਧਰਤੇ ਲੈ ਮੋਰ॥੧॥	ਔਗੁਣਾਂ ਤੋਂ (ਉ-ਧਰਤੇ) ਉਧਾਰਦੇ ਹਨ	Santhasang Har Charan Bohithh Oudhharathae Lai Mor ||1||	In the Society of the Saints, the Lord's Feet are the boat to carry us across. ||1||	ਹੇ ਹਰੀ! ਸੰਤ ਜਨਾਂ ਦੀ ਸੰਗਤ ਵਿਚ (ਰੱਖ ਕੇ ਮੈਨੂੰ ਆਪਣੇ) ਚਰਨਾਂ ਦੇ ਜਹਾਜ਼ (ਵਿਚ ਚਾੜ੍ਹ ਲੈ), (ਤੇਰੇ ਇਹ ਚਰਨ) ਮੈਨੂੰ ਪਾਰ ਲੰਘਾਣ ਦੇ ਸਮਰਥ ਹਨ ॥੧॥
48010	1121	ਗਰਭ ਕੁੰਟ ਮਹਿ ਜਿਨਹਿ ਧਾਰਿਓ ਨਹੀ ਬਿਖੈ ਬਨ ਮਹਿ ਹੋਰ॥		Garabh Kuntt Mehi Jinehi Dhhaariou Nehee Bikhai Ban Mehi Hor ||	The One who placed you in the womb of your mother's belly - no one else shall save you in the wilderness of corruption.	ਜਿਸ ਪਰਮਾਤਮਾ ਨੇ ਮਾਂ ਦੇ ਪੇਟ ਵਿਚ ਬਚਾਈ ਰੱਖਿਆ, ਵਿਸ਼ੇ ਵਿਕਾਰਾਂ ਦੇ ਸਮੁੰਦਰ ਵਿਚ (ਡੁੱਬਦੇ ਨੂੰ ਬਚਾਣ ਵਾਲਾ ਭੀ ਉਸ ਤੋਂ ਬਿਨਾ) ਕੋਈ ਹੋਰ ਨਹੀਂ ਹੈ।
48011	1121	ਹਰਿ ਸਕਤ ਸਰਨ ਸਮਰਥ ਨਾਨਕ ਆਨ ਨਹੀ ਨਿਹੋਰ॥੨॥੨॥੧੦॥		Har Sakath Saran Samarathh Naanak Aan Nehee Nihor ||2||2||10||	The power of the Lord's Sanctuary is all-powerful; Nanak does not rely on any other. ||2||2||10||	ਹੇ ਨਾਨਕ! ਪਰਮਾਤਮਾ ਸਭ ਤਾਕਤਾਂ ਦਾ ਮਾਲਕ ਹੈ, ਸਰਨ ਪਏ ਨੂੰ ਬਚਾ ਸਕਣ ਵਾਲਾ ਹੈ, (ਜਿਹੜਾ ਮਨੁੱਖ ਉਸ ਦੀ ਸਰਨ ਆ ਪੈਂਦਾ ਹੈ, ਉਸ ਨੂੰ) ਕੋਈ ਹੋਰ ਮੁਥਾਜੀ ਨਹੀਂ ਰਹਿ ਜਾਂਦੀ ॥੨॥੨॥੧੦॥
48012	1121	ਕੇਦਾਰਾ ਮਹਲਾ ੫॥		Kaedhaaraa Mehalaa 5 ||	Kaydaaraa, Fifth Mehl:	
48013	1121	ਰਸਨਾ ਰਾਮ ਰਾਮ ਬਖਾਨੁ॥		Rasanaa Raam Raam Bakhaan ||	With your tongue, chant the Name of the Lord.	(ਆਪਣੀ) ਜੀਭ ਨਾਲ ਹਰ ਵੇਲੇ ਪਰਮਾਤਮਾ ਦਾ ਨਾਮ ਜਪਿਆ ਕਰ,

48014	1121	ਗੁਨ ਗੋਪਾਲ ਉਚਾਰੁ ਦਿਨੁ ਰੈਨਿ ਭਏ ਕਲਮਲ ਹਾਨ॥ਰਹਾਉ॥	ਗੋ: ਹੋੜੇ ਔਂਕੜ ਵਿਚਾਲੇ ਬੋਲੋ	Gun Guopaal Ouchaar Dhin Rain Bheae Kalamal Haan || Rehaao ||	Chanting the Glorious Praises of the Lord, day and night, your sins shall be eradicated. ||Pause||	ਦਿਨ ਰਾਤ ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੇ ਗੁਣ ਗਾਇਆ ਕਰ। (ਜਿਹੜਾ ਮਨੁੱਖ ਇਹ ਉੱਦਮ ਕਰਦਾ ਹੈ, ਉਸ ਦੇ ਸਾਰੇ) ਪਾਪ ਨਾਸ ਹੋ ਜਾਂਦੇ ਹਨ ॥ ਰਹਾਉ॥
48015	1121	ਤਿਆਗਿ ਚਲਨਾ ਸਗਲ ਸੰਪਤ ਕਾਲੁ ਸਿਰ ਪਰਿ ਜਾਨੁ॥		Thiaag Chalanaa Sagal Sanpath Kaal Sir Par Jaan ||	You shall have to leave behind all your riches when you depart. Death is hanging over your head - know this well!	ਸਾਰਾ ਧਨ-ਪਦਾਰਥ ਛੱਡ ਕੇ (ਆਖ਼ਿਰ ਹਰੇਕ ਪ੍ਰਾਣੀ ਨੇ ਇਥੋਂ) ਚਲੇ ਜਾਣਾ ਹੈ। ਮੌਤ ਨੂੰ (ਸਦਾ ਆਪਣੇ) ਸਿਰ ਉਤੇ (ਖਲੋਤੀ) ਸਮਝ।
48016	1121	ਮਿਥਨ ਮੋਹ ਦੁਰੰਤ ਆਸਾ ਝੂਠੁ ਸਰਪਰ ਮਾਨੁ॥੧॥		Mithhan Moh Dhuranth Aasaa Jhooth Sarapar Maan ||1||	Transitory attachments and evil hopes are false. Surely you must believe this! ||1||	ਨਾਸਵੰਤ ਪਦਾਰਥਾਂ ਦਾ ਮੋਹ, ਕਦੇ ਨਾਹ ਮੁੱਕਣ ਵਾਲੀਆਂ ਆਸਾਂ-ਇਹਨਾਂ ਨੂੰ ਨਿਸ਼ਚੇ ਕਰ ਕੇ ਨਾਸਵੰਤ ਮੰਨ ॥੧॥
48017	1121	ਸਤਿ ਪੁਰਖ ਅਕਾਲ ਮੂਰਤਿ ਰਿਦੈ ਧਾਰਹੁ ਧਿਆਨੁ॥		Sath Purakh Akaal Moorath Ridhai Dhhaarahu Dhhiaan ||	Within your heart, focus your meditation on the True Primal Being, Akaal Moorat, the Undying Form.	(ਆਪਣੇ) ਹਿਰਦੇ ਵਿਚ ਉਸ ਪਰਮਾਤਮਾ ਦਾ ਧਿਆਨ ਧਰਿਆ ਕਰ ਜਿਹੜਾ ਸਦਾ ਕਾਇਮ ਰਹਿਣ ਵਾਲਾ ਹੈ ਜਿਹੜਾ ਸਰਬ-ਵਿਆਪਕ ਹੈ ਅਤੇ ਜਿਹੜਾ ਨਾਸ-ਰਹਿਤ ਹੋਂਦ ਵਾਲਾ ਹੈ।

48018	1121	ਨਾਮੁ ਨਿਧਾਨੁ ਲਾਭੁ ਨਾਨਕ ਬਸਤੁ ਇਹ ਪਰਵਾਨੁ॥੨॥੩॥੧੧॥		Naam Nidhhaan Laabh Naanak Basath Eih Paravaan ||2||3||11||	Only this profitable merchandise, the treasure of the Naam, O Nanak, shall be accepted. ||2||3||11||	ਹੇ ਨਾਨਕ! (ਆਖ-ਹੇ ਭਾਈ!) ਪਰਮਾਤਮਾ ਦਾ ਨਾਮ (ਹੀ ਅਸਲ) ਖ਼ਜ਼ਾਨਾ ਹੈ (ਅਸਲ) ਖੱਟੀ ਹੈ। ਇਹ ਚੀਜ਼ (ਪਰਮਾਤਮਾ ਦੀ ਹਜ਼ੂਰੀ ਵਿਚ) ਕਬੂਲ ਹੁੰਦੀ ਹੈ ॥੨॥੩॥੧੧॥
48019	1121	ਕੇਦਾਰਾ ਮਹਲਾ ੫॥		Kaedhaaraa Mehalaa 5 ||	Kaydaaraa, Fifth Mehl:	
48020	1121	ਹਰਿ ਕੇ ਨਾਮ ਕੋ ਆਧਾਰੁ॥		Har Kae Naam Ko Aadhhaar ||	I take only the Support of the Name of the Lord.	(ਜਿਸ ਮਨੁੱਖ ਨੂੰ ਸਦਾ) ਪਰਮਾਤਮਾ ਦੇ ਨਾਮ ਦਾ ਆਸਰਾ ਰਹਿੰਦਾ ਹੈ,
48021	1121	ਕਲਿ ਕਲੇਸ ਨ ਕਛੁ ਬਿਆਪੈ ਸੰਤਸੰਗਿ ਬਿਉਹਾਰੁ॥ਰਹਾਉ॥		Kal Kalaes N Kashh Biaapai Santhasang Biouhaar || Rehaao ||	Suffering and conflict do not afflict me; I deal only with the Society of the Saints. ||Pause||	ਜਿਹੜਾ ਮਨੁੱਖ ਸੰਤ ਜਨਾਂ ਦੀ ਸੰਗਤ ਵਿਚ ਰਹਿ ਕੇ ਹਰਿ-ਨਾਮ ਦਾ ਵਣਜ ਕਰਦਾ ਹੈ, (ਦੁਨੀਆ ਦੇ) ਝਗੜੇ ਕਲੇਸ਼ (ਇਹਨਾਂ ਵਿਚੋਂ) ਕੋਈ ਭੀ ਉਸ ਉਤੇ ਆਪਣਾ ਜ਼ੋਰ ਨਹੀਂ ਪਾ ਸਕਦਾ ॥ ਰਹਾਉ॥
48022	1121	ਕਰਿ ਅਨੁਗ੍ਰਹੁ ਆਪਿ ਰਾਖਿਓ ਨਹ ਉਪਜਤਉ ਬੇਕਾਰੁ॥	ਅ-ਨੁੱਗ੍ਰਹੁ	Kar Anugrahu Aap Raakhiou Neh Oupajatho Baekaar ||	Showering His Mercy on me, the Lord Himself has saved me, and no evil thoughts arise within me.	ਪਰਮਾਤਮਾ ਆਪ ਮਿਹਰ ਕਰ ਕੇ ਜਿਸ ਮਨੁੱਖ ਦੀ ਰੱਖਿਆ ਕਰਦਾ ਹੈ, ਉਸ ਦੇ ਅੰਦਰ ਕੋਈ ਵਿਕਾਰ ਪੈਦਾ ਨਹੀਂ ਹੁੰਦਾ।

48023	1121	ਜਿਸੁ ਪਰਾਪਤਿ ਹੋਇ ਸਿਮਰੈ ਤਿਸੁ ਦਹਤ ਨਹ ਸੰਸਾਰੁ॥੧॥		Jis Paraapath Hoe Simarai This Dhehath Neh Sansaar ||1||	Whoever receives this Grace, contemplates Him in meditation; he is not burned by the fire of the world. ||1||	ਜਿਸ ਮਨੁੱਖ ਨੂੰ ਨਾਮ ਦੀ ਦਾਤ ਧੁਰ-ਦਰਗਾਹ ਤੋਂ ਮਿਲਦੀ ਹੈ, ਉਹੀ ਹਰਿ-ਨਾਮ ਸਿਮਰਦਾ ਹੈ, ਫਿਰ ਉਸ (ਦੇ ਆਤਮਕ ਜੀਵਨ) ਨੂੰ ਸੰਸਾਰ (ਭਾਵ, ਸੰਸਾਰ ਦੇ ਵਿਕਾਰਾਂ ਦੀ ਅੱਗ) ਸਾੜ ਨਹੀਂ ਸਕਦੀ ॥੧॥
48024	1121	ਸੁਖ ਮੰਗਲ ਆਨੰਦ ਹਰਿ ਹਰਿ ਪ੍ਰਭ ਚਰਨ ਅੰਮ੍ਰਿਤ ਸਾਰੁ॥		Sukh Mangal Aanandh Har Har Prabh Charan Anmrith Saar ||	Peace, joy and bliss come from the Lord, Har, Har. God's Feet are sublime and excellent.	ਹਰੀ ਪ੍ਰਭੂ ਦੇ ਚਰਨ ਆਤਮਕ ਜੀਵਨ ਦੇਣ ਵਾਲੇ ਹਨ, ਇਹਨਾਂ ਨੂੰ ਆਪਣੇ ਹਿਰਦੇ ਵਿਚ ਸੰਭਾਲ, (ਤੇਰੇ ਅੰਦਰ) ਆਤਮਕ ਸੁਖ ਖ਼ੁਸ਼ੀਆਂ ਆਨੰਦ (ਪੈਦਾ ਹੋਣਗੇ)।
48025	1121	ਨਾਨਕ ਦਾਸ ਸਰਨਾਗਤੀ ਤੇਰੇ ਸੰਤਨਾ ਕੀ ਛਾਰੁ॥੨॥੪॥੧੨॥		Naanak Dhaas Saranaagathee Thaerae Santhanaa Kee Shhaar ||2||4||12||	Slave Nanak seeks Your Sanctuary; he is the dust of the feet of Your Saints. ||2||4||12||	(ਹੇ ਪ੍ਰਭੂ !) ਤੇਰਾ ਦਾਸ ਨਾਨਕ ਤੇਰੀ ਸਰਨ ਆਇਆ ਹੈ, ਤੇਰੇ ਸੰਤ ਜਨਾਂ ਦੀ ਚਰਨ-ਧੂੜ (ਮੰਗਦਾ ਹੈ) ॥੨॥੪॥੧੨॥
48026	1121	ਕੇਦਾਰਾ ਮਹਲਾ ੫॥		Kaedhaaraa Mehalaa 5 ||	Kaydaaraa, Fifth Mehl:	
48027	1121	ਹਰਿ ਕੇ ਨਾਮ ਬਿਨੁ ਧ੍ਰਿਗੁ ਸ੍ਰੋਤ॥		Har Kae Naam Bin Dhhrig Sroth ||	Without the Name of the Lord, one's ears are cursed.	ਪਰਮਾਤਮਾ ਦਾ ਨਾਮ ਸੁਣਨ ਤੋਂ ਬਿਨਾ (ਮਨੁੱਖ ਦੇ) ਕੰਨ ਫਿਟਕਾਰ-ਜੋਗ ਹਨ (ਕਿਉਂਕਿ ਫਿਰ ਇਹ ਨਿੰਦਾ-ਚੁਗਲੀ ਵਿਚ ਹੀ ਰੁੱਝੇ ਰਹਿੰਦੇ ਹਨ)।

48028	1121	ਜੀਵਨ ਰੂਪ ਬਿਸਾਰਿ ਜੀਵਹਿ ਤਿਹ ਕਤ ਜੀਵਨ ਹੋਤ॥ਰਹਾਉ॥		Jeevan Roop Bisaar Jeevehi Thih Kath Jeevan Hoth || Rehaao ||	Those who forget the Embodiment of Life - what is the point of their lives? ||Pause||	ਜਿਹੜੇ ਮਨੁੱਖ ਸਾਰੇ ਜਗਤ ਦੇ ਜੀਵਨ ਪ੍ਰਭੂ ਨੂੰ ਭੁਲਾ ਕੇ ਜੀਊਂਦੇ ਹਨ (ਜ਼ਿੰਦਗੀ ਦੇ ਦਿਨ ਗੁਜ਼ਾਰਦੇ ਹਨ), ਉਹਨਾਂ ਦਾ ਜੀਊਣ ਕਾਹਦਾ ਹੈ? (ਉਹਨਾਂ ਦੇ ਜੀਊਣ ਨੂੰ ਜੀਊਣਾ ਨਹੀਂ ਕਿਹਾ ਜਾ ਸਕਦਾ) ॥ ਰਹਾਉ॥
48029	1121	ਖਾਤ ਪੀਤ ਅਨੇਕ ਬਿੰਜਨ ਜੈਸੇ ਭਾਰ ਬਾਹਕ ਖੋਤ॥	(ਬਾਹਕ) ਭਾਰ ਬਾਹੁਣ ਵਾਲਾ (ਖੋਤ) ਖੋਤਾ	Khaath Peeth Anaek Binjan Jaisae Bhaar Baahak Khoth ||	One who eats and drinks countless delicacies is no more than a donkey, a beast of burden.	(ਹਰਿ-ਨਾਮ ਨੂੰ ਵਿਸਾਰ ਕੇ ਜਿਹੜੇ ਮਨੁੱਖ) ਅਨੇਕਾਂ ਚੰਗੇ ਚੰਗੇ ਖਾਣੇ ਖਾਂਦੇ ਪੀਂਦੇ ਹਨ, (ਉਹ ਇਉਂ ਹੀ ਹਨ) ਜਿਵੇਂ ਭਾਰ ਢੋਣ ਵਾਲੇ ਖੋਤੇ।
48030	1121	ਆਠ ਪਹਰ ਮਹਾ ਸ੍ਰਮੁ ਪਾਇਆ ਜੈਸੇ ਬਿਰਖ ਜੰਤੀ ਜੋਤ॥੧॥		Aath Pehar Mehaa Sram Paaeiaa Jaisae Birakh Janthee Joth ||1||	Twenty-four hours a day, he endures terrible suffering, like the bull, chained to the oil-press. ||1||	(ਹਰਿ-ਨਾਮ ਨੂੰ ਵਿਸਾਰਨ ਵਾਲੇ) ਅੱਠੇ ਪਹਰ (ਮਾਇਆ ਦੀ ਖ਼ਾਤਰ ਦੌੜ-ਭੱਜ ਕਰਦੇ ਹੋਏ) ਬੜਾ ਥਕੇਵਾਂ ਸਹਾਰਦੇ ਹਨ, ਜਿਵੇਂ ਕੋਈ ਬਲਦ ਕੋਹਲੂ ਅੱਗੇ ਜੋਇਆ ਹੁੰਦਾ ਹੈ ॥੧॥
48031	1121	ਤਜਿ ਗੋਪਾਲ ਜਿ ਆਨ ਲਾਗੇ ਸੇ ਬਹੁ ਪ੍ਰਕਾਰੀ ਰੋਤ॥	ਗੋ: ਹੋੜੇ ਔਂਕੜ ਵਿਚਾਲੇ ਬੋਲੋ	Thaj Guopaal J Aan Laagae Sae Bahu Prakaaree Roth ||	Forsaking the Life of the World, and attached to another, they weep and wail in so many ways.	ਸ੍ਰਿਸ਼ਟੀ ਦੇ ਪਾਲਣਹਾਰ (ਦਾ ਨਾਮ) ਤਿਆਗ ਕੇ ਜਿਹੜੇ ਮਨੁੱਖ ਹੋਰ ਹੋਰ ਆਹਰਾਂ ਵਿਚ ਲੱਗੇ ਰਹਿੰਦੇ ਹਨ, ਉਹ ਕਈ ਤਰੀਕਿਆਂ ਨਾਲ ਦੁਖੀ ਹੁੰਦੇ ਰਹਿੰਦੇ ਹਨ।

48032	1121	ਕਰ ਜੋਰਿ ਨਾਨਕ ਦਾਨੁ ਮਾਗੈ ਹਰਿ ਰਖਉ ਕੰਠਿ ਪਰੋਤ॥੨॥੫॥੧੩॥		Kar Jor Naanak Dhaan Maagai Har Rakho Kanth Paroth ||2||5||13||	With his palms pressed together, Nanak begs for this gift; O Lord, please keep me strung around Your Neck. ||2||5||13||	ਹੇ ਹਰੀ! (ਤੇਰਾ ਦਾਸ) ਨਾਨਕ ਹੱਥ ਜੋੜ ਕੇ (ਤੇਰੇ ਨਾਮ ਦਾ) ਦਾਨ ਮੰਗਦਾ ਹੈ (ਆਪਣਾ ਨਾਮ ਦੇਹ), ਮੈਂ (ਇਸ ਨੂੰ ਆਪਣੇ) ਗਲੇ ਵਿਚ ਪ੍ਰੋ ਕੇ ਰੱਖਾਂ ॥੨॥੫॥੧੩॥
48033	1121	ਕੇਦਾਰਾ ਮਹਲਾ ੫॥		Kaedhaaraa Mehalaa 5 ||	Kaydaaraa, Fifth Mehl:	
48034	1121	ਸੰਤਹ ਧੂਰਿ ਲੇ ਮੁਖਿ ਮਲੀ॥		Santheh Dhhoor Lae Mukh Malee ||	I take the dust of the feet of the Saints and apply it to my face.	ਹੇ ਭਾਈ ! (ਜਿਸ ਮਨੁੱਖ ਨੇ) ਸੰਤ ਜਨਾਂ ਦੇ ਚਰਨਾਂ ਦੀ ਧੂੜ ਲੈ ਕੇ (ਆਪਣੇ) ਮੱਥੇ ਉੱਤੇ ਮਲ ਲਈ (ਤੇ, ਸੰਤਾਂ ਦੀ ਸੰਗਤ ਵਿਚ ਜਿਸ ਨੇ ਪਰਮਾਤਮਾ ਦੇ ਗੁਣ ਗਾਏ),
48035	1121	ਗੁਣਾ ਅਚੁਤ ਸਦਾ ਪੂਰਨ ਨਹ ਦੋਖ ਬਿਆਪਹਿ ਕਲੀ॥ਰਹਾਉ॥	ਅ-ਚੁੱਤ	Gunaa Achuth Sadhaa Pooran Neh Dhokh Biaapehi Kalee || Rehaao ||	Hearing of the Imperishable, Eternally Perfect Lord, pain does not afflict me, even in this Dark Age of Kali Yuga. ||Pause||	ਅਬਿਨਾਸ਼ੀ ਤੇ ਸਰਬ-ਵਿਆਪਕ ਪ੍ਰਭੂ ਦੇ ਗੁਣ ਹਿਰਦੇ ਵਿਚ ਵਸਾਣ ਦੀ ਬਰਕਤਿ ਨਾਲ ਜਗਤ ਦੇ ਵਿਕਾਰ ਉਸ ਉੱਤੇ ਆਪਣਾ ਜ਼ੋਰ ਨਹੀਂ ਪਾ ਸਕਦੇ ॥ ਰਹਾਉ॥

48036	1121	ਗੁਰ ਬਚਨਿ ਕਾਰਜ ਸਰਬ ਪੂਰਨ ਈਤ ਊਤ ਨ ਹਲੀ॥	ਹੱਲੀ	Gur Bachan Kaaraj Sarab Pooran Eeth Ooth N Halee ||	Through the Guru's Word, all affairs are resolved, and the mind is not tossed about here and there.	(ਜਿਸ ਮਨੁੱਖ ਨੇ ਸੰਤ ਜਨਾਂ ਦੀ ਚਰਨ-ਧੂੜ ਆਪਣੇ ਮੱਥੇ ਤੇ ਲਾਈ) ਗੁਰੂ ਦੇ ਉਪਦੇਸ਼ ਦਾ ਸਦਕਾ ਉਸ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ, ਉਸ ਦਾ ਮਨ ਇਧਰ ਉਧਰ ਨਹੀਂ ਡੋਲਦਾ,
48037	1121	ਪ੍ਰਭ ਏਕ ਅਨਿਕ ਸਰਬਤ ਪੂਰਨ ਬਿਖੈ ਅਗਨਿ ਨ ਜਲੀ॥੧॥	ਸਰਬੱਤ। ਜਲੀ: ਪੋਲਾ ਬੋਲੋ	Prabh Eaek Anik Sarabath Pooran Bikhai Agan N Jalee ||1||	Whoever sees the One God to be pervading in all the many beings, does not burn in the fire of corruption. ||1||	(ਉਸ ਨੂੰ ਇਉਂ ਦਿੱਸ ਪੈਂਦਾ ਹੈ ਕਿ) ਇਕ ਪਰਮਾਤਮਾ ਅਨੇਕਾਂ ਰੂਪਾਂ ਵਿਚ ਸਭ ਥਾਈਂ ਵਿਆਪਕ ਹੈ, ਉਹ ਮਨੁੱਖ ਵਿਕਾਰਾਂ ਦੀ ਅੱਗ ਵਿਚ ਨਹੀਂ ਸੜਦਾ (ਉਸ ਦਾ ਆਤਮਕ ਜੀਵਨ ਵਿਕਾਰਾਂ ਦੀ ਅੱਗ ਵਿਚ ਤਬਾਹ ਨਹੀਂ ਹੁੰਦਾ) ॥੧॥
48038	1121	ਗਹਿ ਭੁਜਾ ਲੀਨੋ ਦਾਸੁ ਅਪਨੋ ਜੋਤਿ ਜੋਤੀ ਰਲੀ॥		Gehi Bhujaa Leeno Dhaas Apano Joth Jothee Ralee ||	The Lord grasps His slave by the arm, and his light merges into the Light.	ਪ੍ਰਭੂ ਆਪਣੇ ਜਿਸ ਦਾਸ ਨੂੰ (ਉਸ ਦੀ) ਬਾਂਹ ਫੜ ਕੇ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ, ਉਸ ਦੀ ਜਿੰਦ ਪ੍ਰਭੂ ਦੀ ਜੋਤਿ ਵਿਚ ਲੀਨ ਹੋ ਜਾਂਦੀ ਹੈ।
48039	1121	ਪ੍ਰਭ ਚਰਨ ਸਰਨ ਅਨਾਥੁ ਆਇਓ ਨਾਨਕ ਹਰਿ ਸੰਗਿ ਚਲੀ॥੨॥੬॥੧੪॥		Prabh Charan Saran Anaathh Aaeiou Naanak Har Sang Chalee ||2||6||14||	Nanak, the orphan, has come seeking the Sanctuary of God's Feet; O Lord, he walks with You. ||2||6||14||	ਹੇ ਨਾਨਕ! ਜਿਹੜਾ ਅਨਾਥ (ਪ੍ਰਾਣੀ ਭੀ) ਪ੍ਰਭੂ ਦੇ ਚਰਨਾਂ ਦੀ ਸਰਨ ਵਿਚ ਆ ਜਾਂਦਾ ਹੈ, ਉਹ ਪ੍ਰਾਣੀ ਪ੍ਰਭੂ ਦੀ ਯਾਦ ਵਿਚ ਹੀ ਜੀਵਨ-ਰਾਹ ਉਤੇ ਤੁਰਦਾ ਹੈ ॥੨॥੬॥੧੪॥

48040	1121	ਕੇਦਾਰਾ ਮਹਲਾ ੫॥		Kaedhaaraa Mehalaa 5 ||	Kaydaaraa, Fifth Mehl:	
48041	1122	ਹਰਿ ਕੇ ਨਾਮ ਕੀ ਮਨ ਰੁਚੈ॥	ਰੁਚੈ: ਪੋਲਾ ਬੋਲੋ	Har Kae Naam Kee Man Ruchai ||	My mind is filled with yearning for the Name of the Lord.	ਜਿਸ ਮਨੁੱਖ ਦੇ ਮਨ ਨੂੰ ਪਰਮਾਤਮਾ ਦੇ ਨਾਮ ਦੀ ਲਗਨ ਲੱਗ ਜਾਂਦੀ ਹੈ,
48042	1122	ਕੋਟਿ ਸਾਂਤਿ ਅਨੰਦ ਪੂਰਨ ਜਲਤ ਛਾਤੀ ਬੁਝੈ॥ਰਹਾਉ॥	ਬੁਝੈ: ਪੋਲਾ ਬੋਲੋ	Kott Saanth Anandh Pooran Jalath Shhaathee Bujhai || Rehaao ||	I am totally filled with tranquility and bliss; the burning desire within has been quenched. ||Pause||	ਉਸ ਦੇ ਹਿਰਦੇ ਵਿਚ ਪੂਰਨ ਸ਼ਾਂਤੀ ਆਨੰਦ ਬਣਿਆ ਰਹਿੰਦਾ ਹੈ, ਉਸ ਦੇ ਹਿਰਦੇ ਵਿਚ (ਵਿਕਾਰਾਂ ਦੀ ਪਹਿਲੀ) ਬਲ ਰਹੀ ਅੱਗ ਬੁੱਝ ਜਾਂਦੀ ਹੈ ॥ ਰਹਾਉ॥
48043	1122	ਸੰਤ ਮਾਰਗਿ ਚਲਤ ਪ੍ਰਾਨੀ ਪਤਿਤ ਉਧਰੇ ਮੁਚੈ॥	ਮੁੱਚੈ: ਪੋਲਾ ਬੋਲੋ	Santh Maarag Chalath Praanee Pathith Oudhharae Muchai ||	Walking on the path of the Saints, millions of mortal sinners have been saved.	ਜਿਹੜਾ ਮਨੁੱਖ ਗੁਰੂ ਦੇ ਦੱਸੇ ਰਸਤੇ ਉਤੇ ਤੁਰਦਾ ਹੈ, (ਉਸ ਦੀ ਸੰਗਤ ਵਿਚ ਰਹਿ ਕੇ) ਅਨੇਕਾਂ ਵਿਕਾਰੀ ਮਨੁੱਖ (ਵਿਕਾਰਾਂ ਤੋਂ) ਬਚ ਜਾਂਦੇ ਹਨ।
48044	1122	ਰੇਨੁ ਜਨ ਕੀ ਲਗੀ ਮਸਤਕਿ ਅਨਿਕ ਤੀਰਥ ਸੁਚੈ॥੧॥	ਸੁੱਚੈ	Raen Jan Kee Lagee Masathak Anik Theerathh Suchai ||1||	One who applies the dust of the feet of the humble to his forehead, is purified, as if he has bathed at countless sacred shrines. ||1||	ਜਿਸ ਮਨੁੱਖ ਦੇ ਮੱਥੇ ਉਤੇ ਪਰਮਾਤਮਾ ਦੇ ਸੇਵਕ ਦੀ ਚਰਨ-ਧੂੜ ਲੱਗਦੀ ਹੈ, (ਉਸ ਦੇ ਅੰਦਰ, ਮਾਨੋ) ਅਨੇਕਾਂ ਤੀਰਥਾਂ (ਦੇ ਇਸ਼ਨਾਨ) ਦੀ ਪਵਿੱਤ੍ਰਤਾ ਹੋ ਜਾਂਦੀ ਹੈ ॥੧॥

48045	1122	ਚਰਨਕਮਲ ਧਿਆਨ ਭੀਤਰਿ ਘਟਿ ਘਟਹਿ ਸੁਆਮੀ ਸੁਝੈ॥	ਸੁੱਝੈ	Charan Kamal Dhhiaan Bheethar Ghatt Ghattehi Suaamee Sujhai ||	Meditating on His Lotus Feet deep within, one realizes the Lord and Master in each and every heart.	ਜਿਸ ਮਨੁੱਖ ਦੀ ਸੁਰਤ ਪ੍ਰਭੂ ਦੇ ਸੋਹਣੇ ਚਰਨਾਂ ਦੇ ਧਿਆਨ ਵਿਚ ਟਿਕੀ ਰਹਿੰਦੀ ਹੈ, ਉਸ ਨੂੰ ਮਾਲਕ-ਪ੍ਰਭੂ ਹਰੇਕ ਸਰੀਰ ਵਿਚ ਵੱਸਦਾ ਦਿੱਸ ਪੈਂਦਾ ਹੈ।
48046	1122	ਸਰਨਿ ਦੇਵ ਅਪਾਰ ਨਾਨਕ ਬਹੁਰਿ ਜਮੁ ਨਹੀ ਲੁਝੈ॥੨॥੭॥੧੫॥	ਲੁੱਝੈ	Saran Dhaev Apaar Naanak Bahur Jam Nehee Lujhai ||2||7||15||	In the Sanctuary of the Divine, Infinite Lord, Nanak shall never again be tortured by the Messenger of Death. ||2||7||15||	ਹੇ ਨਾਨਕ! ਜਿਹੜਾ ਮਨੁੱਖ ਚਾਨਣ-ਰੂਪ ਬੇਅੰਤ ਪ੍ਰਭੂ ਦੀ ਸਰਨ ਵਿਚ ਆ ਜਾਂਦਾ ਹੈ, ਜਮਦੂਤ ਮੁੜ ਉਸ ਨਾਲ ਕੋਈ ਝਗੜਾ ਨਹੀਂ ਪਾਂਦਾ ॥੨॥੭॥੧੫॥
48047	1122	ਕੇਦਾਰਾ ਛੰਤ ਮਹਲਾ ੫		Kaedhaaraa Shhanth Mehalaa 5	Kaydaaraa Chhant, Fifth Mehl:	ਰਾਗ ਕੇਦਾਰਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ'।
48048	1122	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
48049	1122	ਮਿਲੁ ਮੇਰੇ ਪ੍ਰੀਤਮ ਪਿਆਰਿਆ॥ਰਹਾਉ॥		Mil Maerae Preetham Piaariaa || Rehaao ||	Please meet me, O my Dear Beloved. ||Pause||	ਹੇ ਮੇਰੇ ਪਿਆਰੇ! ਹੇ ਮੇਰੇ ਪ੍ਰੀਤਮ! (ਮੈਨੂੰ) ਮਿਲ ॥ ਰਹਾਉ॥
48050	1122	ਪੂਰਿ ਰਹਿਆ ਸਰਬਤ੍ਰ ਮੈ ਸੋ ਪੁਰਖੁ ਬਿਧਾਤਾ॥		Poor Rehiaa Sarabathr Mai So Purakh Bidhhaathaa ||	He is All-pervading amongst all, the Architect of Destiny.	ਉਹ ਸਰਬ-ਵਿਆਪਕ ਸਿਰਜਣਹਾਰ ਸਭ ਥਾਈਂ ਮੌਜੂਦ ਹੈ।

48051	1122	ਮਾਰਗੁ ਪ੍ਰਭ ਕਾ ਹਰਿ ਕੀਆ ਸੰਤਨ ਸੰਗਿ ਜਾਤਾ॥	ਜੱਾਤਾ	Maarag Prabh Kaa Har Keeaa Santhan Sang Jaathaa ||	The Lord God has created His Path, which is known in the Society of the Saints.	ਪ੍ਰਭੂ (ਨੂੰ ਮਿਲਣ) ਦਾ ਰਸਤਾ ਪ੍ਰਭੂ ਨੇ ਆਪ ਹੀ ਬਣਾਇਆ ਹੈ (ਉਹ ਰਸਤਾ ਇਹ ਹੈ ਕਿ) ਸੰਤ ਜਨਾਂ ਦੀ ਸੰਗਤ ਵਿਚ ਹੀ ਉਸ ਨਾਲ ਡੂੰਘੀ ਸਾਂਝ ਪੈ ਸਕਦੀ ਹੈ।
48052	1122	ਸੰਤਨ ਸੰਗਿ ਜਾਤਾ ਪੁਰਖੁ ਬਿਧਾਤਾ ਘਟਿ ਘਟਿ ਨਦਰਿ ਨਿਹਾਲਿਆ॥		Santhan Sang Jaathaa Purakh Bidhhaathaa Ghatt Ghatt Nadhar Nihaaliaa ||	The Creator Lord, the Architect of Destiny, is known in the Society of the Saints; You are seen in each and every heart.	ਸੰਤ ਜਨਾਂ ਦੀ ਸੰਗਤ ਵਿਚ ਹੀ ਸਿਰਜਣਹਾਰ ਅਕਾਲ ਪੁਰਖ ਨਾਲ ਜਾਣ-ਪਛਾਣ ਹੋ ਸਕਦੀ ਹੈ। (ਸੰਤ ਜਨਾਂ ਦੀ ਸੰਗਤ ਵਿਚ ਰਹਿ ਕੇ ਹੀ ਉਸ ਨੂੰ) ਹਰੇਕ ਸਰੀਰ ਵਿਚ ਅੱਖੀਂ ਵੇਖਿਆ ਜਾ ਸਕਦਾ ਹੈ।
48053	1122	ਜੋ ਸਰਨੀ ਆਵੈ ਸਰਬ ਸੁਖ ਪਾਵੈ ਤਿਲੁ ਨਹੀ ਭੰਨੈ ਘਾਲਿਆ॥		Jo Saranee Aavai Sarab Sukh Paavai Thil Nehee Bhannai Ghaaliaa ||	One who comes to His Sanctuary, finds absolute peace; not even a bit of his work goes unnoticed.	ਜਿਹੜਾ ਮਨੁੱਖ (ਸੰਤ ਜਨਾਂ ਦੀ ਸੰਗਤ ਦੀ ਬਰਕਤਿ ਨਾਲ ਪ੍ਰਭੂ ਦੀ) ਸਰਨ ਆਉਂਦਾ ਹੈ, ਉਹ ਸਾਰੇ ਸੁਖ ਹਾਸਲ ਕਰ ਲੈਂਦਾ ਹੈ। ਪ੍ਰਭੂ ਉਸ ਮਨੁੱਖ ਦੀ ਕੀਤੀ ਹੋਈ ਮਿਹਨਤ ਨੂੰ ਰਤਾ ਭਰ ਭੀ ਨਹੀਂ ਗਵਾਂਦਾ।
48054	1122	ਹਰਿ ਗੁਣ ਨਿਧਿ ਗਾਏ ਸਹਜ ਸੁਭਾਏ ਪ੍ਰੇਮ ਮਹਾ ਰਸ ਮਾਤਾ॥	ਮੱਾਤਾ	Har Gun Nidhh Gaaeae Sehaj Subhaaeae Praem Mehaa Ras Maathaa ||	One who sings the Glorious Praises of the Lord, the Treasure of Virtue, is easily, naturally intoxicated with the supreme, sublime essence of divine love.	ਜਿਹੜਾ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਪਿਆਰ ਨਾਲ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੇ ਗੁਣ ਗਾਂਦਾ ਹੈ, ਉਹ ਸਭ ਤੋਂ ਉੱਚੇ ਪ੍ਰੇਮ-ਰਸ ਵਿਚ ਮਸਤ ਰਹਿੰਦਾ ਹੈ।

48055	1122	ਨਾਨਕ ਦਾਸ ਤੇਰੀ ਸਰਣਾਈ ਤੂ ਪੂਰਨ ਪੁਰਖੁ ਬਿਧਾਤਾ॥੧॥		Naanak Dhaas Thaeree Saranaaee Thoo Pooran Purakh Bidhhaathaa ||1||	Slave Nanak seeks Your Sanctuary; You are the Perfect Creator Lord, the Architect of Destiny. ||1||	(ਹੇ ਪ੍ਰਭੂ!) ਦਾਸ ਨਾਨਕ ਤੇਰੀ ਸਰਨ ਹੈ। ਤੂੰ ਸਭ ਗੁਣਾਂ ਨਾਲ ਭਰਪੂਰ ਹੈਂ, ਤੂੰ ਸਰਬ-ਵਿਆਪਕ ਹੈਂ, ਤੂੰ (ਸਾਰੇ ਜਗਤ ਦਾ) ਰਚਨਹਾਰ ਹੈਂ ॥੧॥
48056	1122	ਹਰਿ ਪ੍ਰੇਮ ਭਗਤਿ ਜਨ ਬੇਧਿਆ ਸੇ ਆਨ ਕਤ ਜਾਹੀ॥		Har Praem Bhagath Jan Baedhhiaa Sae Aan Kath Jaahee ||	The Lord's humble servant is pierced through with loving devotion to Him; where else can he go?	ਜਿਹੜੇ ਮਨੁੱਖ ਹਰੀ ਦੀ ਪ੍ਰੇਮਾ-ਭਗਤੀ ਵਿਚ ਵਿੱਝ ਜਾਂਦੇ ਹਨ, ਉਹ (ਹਰੀ ਨੂੰ ਛੱਡ ਕੇ) ਕਿਸੇ ਹੋਰ ਥਾਂ ਨਹੀਂ ਜਾ ਸਕਦੇ।
48057	1122	ਮੀਨੁ ਬਿਛੋਹਾ ਨਾ ਸਹੈ ਜਲ ਬਿਨੁ ਮਰਿ ਪਾਹੀ॥		Meen Bishhohaa Naa Sehai Jal Bin Mar Paahee ||	The fish cannot endure separation, and without water, it will die.	(ਜਿਵੇਂ) ਮੱਛੀ (ਪਾਣੀ ਦਾ) ਵਿਛੋੜਾ ਸਹਾਰ ਨਹੀਂ ਸਕਦੀ, ਪਾਣੀ ਤੋਂ ਬਿਨਾ ਮੱਛੀਆਂ ਮਰ ਜਾਂਦੀਆਂ ਹਨ।
48058	1122	ਹਰਿ ਬਿਨੁ ਕਿਉ ਰਹੀਐ ਦੂਖ ਕਿਨਿ ਸਹੀਐ ਚਾਤ੍ਰਿਕ ਬੂੰਦ ਪਿਆਸਿਆ॥		Har Bin Kio Reheeai Dhookh Kin Seheeai Chaathrik Boondh Piaasiaa ||	Without the Lord, how can I survive? How can I endure the pain? I am like the rainbird, thirsty for the rain-drop.	(ਜਿਨ੍ਹਾਂ ਦੇ ਮਨ ਪ੍ਰੇਮ-ਭਗਤੀ ਵਿਚ ਵਿੱਝ ਗਏ ਹਨ, ਉਹਨਾਂ ਵਿਚੋਂ ਕਿਸੇ ਪਾਸੋਂ ਭੀ) ਪਰਮਾਤਮਾ (ਦੀ ਯਾਦ) ਤੋਂ ਬਿਨਾ ਰਿਹਾ ਨਹੀਂ ਜਾ ਸਕਦਾ, ਕਿਸੇ ਪਾਸੋਂ ਭੀ ਵਿਛੋੜੇ ਦਾ ਦੁੱਖ ਸਹਾਰਿਆ ਨਹੀਂ ਜਾ ਸਕਦਾ (ਜਿਵੇਂ) ਪਪੀਹਾ ਹਰ ਵੇਲੇ ਸ੍ਵਾਂਤੀ ਬੂੰਦ ਲਈ ਤਰਸਦਾ ਹੈ।

48059	1122	ਕਬ ਰੈਨਿ ਬਿਹਾਵੈ ਚਕਵੀ ਸੁਖੁ ਪਾਵੈ ਸੂਰਜ ਕਿਰਣਿ ਪ੍ਰਗਾਸਿਆ॥		Kab Rain Bihaavai Chakavee Sukh Paavai Sooraj Kiran Pragaasiaa ||	"When will the night pass?," asks the chakvi bird. "I shall find peace only when the rays of the sun shine on me."	(ਜਿਵੇਂ) ਜਦ ਤਕ ਰਾਤ ਨਾਹ ਮੁੱਕੇ, ਜਦ ਤਕ ਸੂਰਜ ਦੀ ਕਿਰਨ ਲੋਅ ਨ ਕਰੇ, ਚਕਵੀ ਨੂੰ ਸੁਖ ਨਹੀਂ ਮਿਲ ਸਕਦਾ।
48060	1122	ਹਰਿ ਦਰਸਿ ਮਨੁ ਲਾਗਾ ਦਿਨਸੁ ਸਭਾਗਾ ਅਨ ਦਿਨੁ ਹਰਿ ਗੁਣ ਗਾਹੀ॥		Har Dharas Man Laagaa Dhinas Sabhaagaa Anadhin Har Gun Gaahee ||	My mind is attached to the Blessed Vision of the Lord. Blessed are the nights and days, when I sing the Glorious Praises of the Lord,	(ਪ੍ਰਭੂ-ਪ੍ਰੇਮ ਵਿਚ ਵਿੱਝੇ ਹੋਏ ਮਨੁੱਖਾਂ ਲਈ) ਉਹ ਦਿਨ ਭਾਗਾਂ ਵਾਲਾ ਹੁੰਦਾ ਹੈ ਜਦੋਂ ਉਹਨਾਂ ਦਾ ਮਨ ਪ੍ਰਭੂ ਦੇ ਦੀਦਾਰ ਵਿਚ ਜੁੜਦਾ ਹੈ, ਉਹ ਹਰ ਵੇਲੇ ਪ੍ਰਭੂ ਦੇ ਗੁਣ ਗਾਂਦੇ ਰਹਿੰਦੇ ਹਨ।
48061	1122	ਨਾਨਕ ਦਾਸੁ ਕਹੈ ਬੇਨੰਤੀ ਕਤ ਹਰਿ ਬਿਨੁ ਪ੍ਰਾਣ ਟਿਕਾਹੀ॥੨॥		Naanak Dhaas Kehai Baenanthee Kath Har Bin Praan Ttikaahee ||2||	Slave Nanak utters this prayer; without the Lord, how can the breath of life continue to flow through me? ||2||	ਦਾਸ ਨਾਨਕ ਬੇਨਤੀ ਕਰਦਾ ਹੈ (ਕਿ ਜਿਨ੍ਹਾਂ ਦੇ ਮਨ ਪ੍ਰਭੂ-ਪ੍ਰੇਮ ਵਿਚ ਵਿੱਝੇ ਹੋਏ ਹਨ, ਉਹਨਾਂ ਦੇ) ਪ੍ਰਾਣ ਪਰਮਾਤਮਾ ਦੀ ਯਾਦ ਤੋਂ ਬਿਨਾ ਕਿਤੇ ਭੀ ਧੀਰਜ ਨਹੀਂ ਪਾ ਸਕਦੇ ॥੨॥
48062	1122	ਸਾਸ ਬਿਨਾ ਜਿਉ ਦੇਹੁਰੀ ਕਤ ਸੋਭਾ ਪਾਵੈ॥		Saas Binaa Jio Dhaehuree Kath Sobhaa Paavai ||	Without the breath, how can the body obtain glory and fame?	ਜਿਵੇਂ ਸਾਹ (ਆਉਣ) ਤੋਂ ਬਿਨਾ ਮਨੁੱਖ ਦਾ ਸਰੀਰ ਕਿਤੇ ਸੋਭਾ ਨਹੀਂ ਪਾ ਸਕਦਾ,

48063	1122	ਦਰਸ ਬਿਹੂਨਾ ਸਾਧ ਜਨੁ ਖਿਨੁ ਟਿਕਣੁ ਨ ਆਵੈ॥		Dharas Bihoonaa Saadhh Jan Khin Ttikan N Aavai ||	Without the Blessed Vision of the Lord's Darshan, the humble, holy person does not find peace, even for an instant.	(ਤਿਵੇਂ ਪਰਮਾਤਮਾ ਦੇ) ਦਰਸਨ ਤੋਂ ਬਿਨਾ ਸਾਧੂ-ਜਨ (ਸੋਭਾ ਨਹੀਂ ਪਾ ਸਕਦਾ)। (ਪ੍ਰਭੂ ਦੇ ਦਰਸਨ ਤੋਂ ਬਿਨਾ ਮਨੁੱਖ ਦਾ ਮਨ) ਇਕ ਖਿਨ ਲਈ ਭੀ ਟਿਕ ਨਹੀਂ ਸਕਦਾ।
48064	1122	ਹਰਿ ਬਿਨੁ ਜੋ ਰਹਣਾ ਨਰਕੁ ਸੋ ਸਹਣਾ ਚਰਨਕਮਲ ਮਨੁ ਬੇਧਿਆ॥		Har Bin Jo Rehanaa Narak So Sehanaa Charan Kamal Man Baedhhiaa ||	Those who are without the Lord suffer in hell; my mind is pierced through with the Lord's Feet.	ਪਰਮਾਤਮਾ ਦੇ ਨਾਮ ਤੋਂ ਬਿਨਾ ਜੋ ਜੀਊਣ ਹੈ, ਉਹ ਜੀਊਣ ਨਰਕ (ਦਾ ਦੁੱਖ) ਸਹਾਰਨ (ਦੇ ਤੁੱਲ) ਹੈ। ਪਰ ਜਿਸ ਮਨੁੱਖ ਦਾ ਮਨ ਪਰਮਾਤਮਾ ਦੇ ਸੋਹਣੇ ਚਰਨਾਂ ਵਿਚ ਵਿੱਛ ਜਾਂਦਾ ਹੈ,
48065	1122	ਹਰਿ ਰਸਿਕ ਬੈਰਾਗੀ ਨਾਮਿ ਲਿਵ ਲਾਗੀ ਕਤਹੁ ਨ ਜਾਇ ਨਿਖੇਧਿਆ॥		Har Rasik Bairaagee Naam Liv Laagee Kathahu N Jaae Nikhaedhhiaa ||	The Lord is both sensual and unattached; lovingly attune yourself to the Naam, the Name of the Lord. No one can ever deny Him.	ਉਹ ਪਰਮਾਤਮਾ ਦੇ ਨਾਮ ਦਾ ਰਸੀਆ ਹੋ ਜਾਂਦਾ ਹੈ, ਹਰਿ-ਨਾਮ ਦਾ ਪ੍ਰੇਮੀ ਹੋ ਜਾਂਦਾ ਹੈ, ਹਰਿ-ਨਾਮ ਵਿਚ ਉਸ ਦੀ ਲਗਨ ਲੱਗੀ ਰਹਿੰਦੀ ਹੈ, ਉਸ ਦੀ ਕਿਤੇ ਭੀ ਨਿਰਾਦਰੀ ਨਹੀਂ ਹੁੰਦੀ।
48066	1122	ਹਰਿ ਸਿਉ ਜਾਇ ਮਿਲਣਾ ਸਾਧਸੰਗਿ ਰਹਣਾ ਸੋ ਸੁਖੁ ਅੰਕਿ ਨ ਮਾਵੈ॥		Har Sio Jaae Milanaa Saadhhasang Rehanaa So Sukh Ank N Maavai ||	Go and meet with the Lord, and dwell in the Saadh Sangat, the Company of the Holy; no one can contain that peace within his being.	ਸਾਧ ਸੰਗਤ ਵਿਚ ਟਿਕੇ ਰਹਿਣਾ (ਤੇ, ਸਾਧ ਸੰਗਤ ਦੀ ਬਰਕਤਿ ਨਾਲ) ਪ੍ਰਭੂ ਨਾਲ ਮਿਲਾਪ ਹੋ ਜਾਣਾ (ਇਸ ਤੋਂ ਐਸਾ ਆਤਮਕ ਆਨੰਦ ਪੈਦਾ ਹੁੰਦਾ ਹੈ ਕਿ) ਉਹ ਆਨੰਦ ਲੁਕਿਆ ਨਹੀਂ ਰਹਿ ਸਕਦਾ।

48067	1122	ਹੋਹੁ ਕ੍ਰਿਪਾਲ ਨਾਨਕ ਕੇ ਸੁਆਮੀ ਹਰਿ ਚਰਨਹ ਸੰਗਿ ਸਮਾਵੈ॥੩॥		Hohu Kirapaal Naanak Kae Suaamee Har Charaneh Sang Samaavai ||3||	Please be kind to me, O Lord and Master of Nanak, that I may merge in You. ||3||	ਹੇ ਨਾਨਕ ਦੇ ਮਾਲਕ-ਪ੍ਰਭੂ! ਜਿਸ ਮਨੁੱਖ ਉੱਤੇ ਤੂੰ ਦਇਆਵਾਨ ਹੁੰਦਾ ਹੈਂ, ਉਹ ਤੇਰੇ ਚਰਨਾਂ ਵਿਚ ਲੀਨ ਰਹਿੰਦਾ ਹੈ ॥੩॥
48068	1122	ਖੋਜਤ ਖੋਜਤ ਪ੍ਰਭ ਮਿਲੇ ਹਰਿ ਕਰੁਣਾ ਧਾਰੇ॥		Khojath Khojath Prabh Milae Har Karunaa Dhhaarae ||	Searching and searching, I have met with my Lord God, who has showered me with His Mercy.	(ਪ੍ਰਭੂ ਜੀ ਦੀ) ਭਾਲ ਕਰਦਿਆਂ ਕਰਦਿਆਂ (ਆਖ਼ਰ) ਪ੍ਰਭੂ ਜੀ (ਆਪ ਹੀ) ਦਇਆ ਕਰ ਕੇ (ਮੈਨੂੰ) ਮਿਲ ਪਏ (ਪ੍ਰਭੂ ਦਾ ਮਿਲਾਪ ਪ੍ਰਭੂ ਜੀ ਦੀ ਮਿਹਰ ਨਾਲ ਹੀ ਹੁੰਦਾ ਹੈ)।
48069	1122	ਨਿਰਗੁਣੁ ਨੀਚੁ ਅਨਾਥੁ ਮੈ ਨਹੀ ਦੋਖ ਬੀਚਾਰੇ॥		Niragun Neech Anaathh Mai Nehee Dhokh Beechaarae ||	I am unworthy, a lowly orphan, but He does not even consider my faults.	ਮੇਰੇ ਵਿਚ ਕੋਈ ਗੁਣ ਨਹੀਂ ਸੀ, ਮੈਂ ਨੀਵੇਂ ਜੀਵਨ ਵਾਲਾ ਸਾਂ, ਮੈਂ ਅਨਾਥ ਸਾਂ। ਪਰ ਪ੍ਰਭੂ ਜੀ ਨੇ ਮੇਰੇ ਔਗੁਣਾਂ ਵਲ ਧਿਆਨ ਨਹੀਂ ਦਿੱਤਾ।
48070	1122	ਨਹੀ ਦੋਖ ਬੀਚਾਰੇ ਪੂਰਨ ਸੁਖ ਸਾਰੇ ਪਾਵਨ ਬਿਰਦੁ ਬਖਾਨਿਆ॥		Nehee Dhokh Beechaarae Pooran Sukh Saarae Paavan Biradh Bakhaaniaa ||	He does not consider my faults; He has blessed me with Perfect Peace. It is said that it is His Way to purify us.	ਪ੍ਰਭੂ ਨੇ ਮੇਰੇ ਔਗੁਣ ਨਹੀਂ ਵਿਚਾਰੇ, ਮੈਨੂੰ ਪੂਰਨ ਸੁਖ ਉਸ ਨੇ ਦੇ ਦਿੱਤੇ, (ਤਾਹੀਏਂ ਤਾਂ ਇਹ) ਕਿਹਾ ਜਾਂਦਾ ਹੈ ਕਿ (ਪਤਿਤਾਂ ਨੂੰ) ਪਵਿੱਤਰ ਕਰਨਾ (ਪ੍ਰਭੂ ਦਾ) ਮੁੱਢ-ਕਦੀਮਾਂ ਦਾ ਸੁਭਾਉ ਹੈ।

48071	1122	ਭਗਤਿ ਵਛਲੁ ਸੁਨਿ ਅੰਚਲੋ ਗਹਿਆ ਘਟਿ ਘਟਿ ਪੂਰ ਸਮਾਨਿਆ॥		Bhagath Vashhal Sun Anchaluo Gehiaa Ghatt Ghatt Poor Samaaniaa ||	Hearing that He is the Love of His devotees, I have grasped the hem of His robe. He is totally permeating each and every heart.	ਇਹ ਸੁਣ ਕੇ ਕਿ ਪ੍ਰਭੂ ਭਗਤੀ ਨੂੰ ਪਿਆਰ ਕਰਨ ਵਾਲਾ ਹੈ, ਮੈਂ ਉਸ ਦਾ ਪੱਲਾ ਫੜ ਲਿਆ (ਤੇ ਭਗਤੀ ਦੀ ਦਾਤ ਮੰਗੀ)। ਪ੍ਰਭੂ ਹਰੇਕ ਸਰੀਰ ਵਿਚ ਪੂਰਨ ਤੌਰ ਤੇ ਵਿਆਪਕ ਹੈ।
48072	1122	ਸੁਖਸਾਗਰੋ ਪਾਇਆ ਸਹਜ ਸੁਭਾਇਆ ਜਨਮ ਮਰਨ ਦੁਖ ਹਾਰੇ॥		Sukh Saagaruo Paaeiaa Sehaj Subhaaeiaa Janam Maran Dhukh Haarae ||	I have found the Lord, the Ocean of Peace, with intuitive ease; the pains of birth and death are gone.	ਜਦੋਂ ਮੈਂ ਉਸ ਦਾ ਪੱਲਾ ਫੜ ਲਿਆ, ਤਾਂ ਉਹ ਸੁਖਾਂ ਦਾ ਸਮੁੰਦਰ ਪ੍ਰਭੂ ਮੈਨੂੰ ਆਪ-ਮੁਹਾਰਾ ਹੀ ਮਿਲ ਪਿਆ। ਜਨਮ ਤੋਂ ਮਰਨ ਤਕ ਦੇ ਮੇਰੇ ਸਾਰੇ ਹੀ ਦੁੱਖ ਥੱਕ ਗਏ (ਮੁੱਕ ਗਏ)।
48073	1122	ਕਰੁ ਗਹਿ ਲੀਨੇ ਨਾਨਕ ਦਾਸ ਅਪਨੇ ਰਾਮ ਨਾਮ ਉਰਿ ਹਾਰੇ॥੪॥੧॥		Kar Gehi Leenae Naanak Dhaas Apanae Raam Naam Our Haarae ||4||1||	Taking him by the hand, the Lord has saved Nanak, His slave; He has woven the garland of His Name into his heart. ||4||1||	ਹੇ ਨਾਨਕ! (ਆਖ-ਹੇ ਭਾਈ!) ਪ੍ਰਭੂ ਆਪਣੇ ਦਾਸਾਂ ਦਾ ਹੱਥ ਫੜ ਕੇ ਉਹਨਾਂ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ। ਪਰਮਾਤਮਾ ਦਾ ਨਾਮ (ਉਹਨਾਂ ਸੇਵਕਾਂ ਦੇ) ਹਿਰਦੇ ਵਿਚ ਹਾਰ ਬਣਿਆ ਰਹਿੰਦਾ ਹੈ ॥੪॥੧॥
48074	1123	ਰਾਗੁ ਕੇਦਾਰਾ ਬਾਣੀ ਕਬੀਰ ਜੀਉ ਕੀ		Raag Kaedhaaraa Baanee Kabeer Jeeo Kee	Raag Kaydaaraa, The Word Of Kabeer Jee:	ਰਾਗ ਕੇਦਾਰਾ ਵਿੱਚ ਭਗਤ ਕਬੀਰ ਜੀ ਦੀ ਬਾਣੀ।

48075	1123	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
48076	1123	ਉਸਤਤਿ ਨਿੰਦਾ ਦੋਊ ਬਿਬਰਜਿਤ ਤਜਹੁ ਮਾਨੁ ਅਭਿਮਾਨਾ॥	ਬਿ-ਬਰ-ਜਿਤ	Ousathath Nindhaa Dhooo Bibarajith Thajahu Maan Abhimaanaa ||	Those who ignore both praise and slander, who reject egotistical pride and conceit,	ਕਿਸੇ ਮਨੁੱਖ ਦੀ ਖ਼ੁਸ਼ਾਮਦ ਕਰਨੀ ਜਾਂ ਕਿਸੇ ਦੇ ਐਬ ਫਰੋਲਣੇ-ਇਹ ਦੋਵੇਂ ਕੰਮ ਮਾੜੇ ਹਨ। (ਇਹ ਖ਼ਿਆਲ ਭੀ) ਛੱਡ ਦਿਉ (ਕਿ ਕੋਈ ਤੁਹਾਡਾ) ਆਦਰ (ਕਰਦਾ ਹੈ ਜਾਂ ਕੋਈ) ਆਕੜ (ਵਿਖਾਉਂਦਾ ਹੈ)।
48077	1123	ਲੋਹਾ ਕੰਚਨੁ ਸਮ ਕਰਿ ਜਾਨਹਿ ਤੇ ਮੂਰਤਿ ਭਗਵਾਨਾ॥੧॥	ਜਾਨ-ਹਿ	Lohaa Kanchan Sam Kar Jaanehi Thae Moorath Bhagavaanaa ||1||	Who look alike upon iron and gold - they are the very image of the Lord God. ||1||	ਜੋ ਮਨੁੱਖ ਲੋਹੇ ਤੇ ਸੋਨੇ ਨੂੰ ਇਕੋ ਜਿਹਾ ਜਾਣਦੇ ਹਨ, ਉਹ ਭਗਵਾਨ ਦਾ ਰੂਪ ਹਨ। {ਸੋਨਾ-ਆਦਰ। ਲੋਹਾ-ਨਿਰਾਦਰੀ} ॥੧॥
48078	1123	ਤੇਰਾ ਜਨੁ ਏਕੁ ਆਧੁ ਕੋਈ॥		Thaeraa Jan Eaek Aadhh Koee ||	Hardly anyone is a humble servant of Yours, O Lord.	ਹੇ ਪ੍ਰਭੂ! ਕੋਈ ਵਿਰਲਾ ਮਨੁੱਖ ਤੇਰਾ ਹੋ ਕੇ ਰਹਿੰਦਾ ਹੈ।
48079	1123	ਕਾਮੁ ਕ੍ਰੋਧੁ ਲੋਭੁ ਮੋਹੁ ਬਿਬਰਜਿਤ ਹਰਿ ਪਦੁ ਚੀਨੈ ਸੋਈ॥੧॥ ਰਹਾਉ॥		Kaam Krodhh Lobh Mohu Bibarajith Har Padh Cheenhai Soee ||1|| Rehaao ||	Ignoring sexual desire, anger, greed and attachment, such a person becomes aware of the Lord's Feet. ||1||Pause||	(ਜੋ ਤੇਰਾ ਬਣਦਾ ਹੈ) ਉਸ ਨੂੰ ਕਾਮ, ਕ੍ਰੋਧ, ਲੋਭ, ਮੋਹ (ਆਦਿਕ ਵਿਕਾਰ) ਮਾੜੇ ਲੱਗਦੇ ਹਨ। (ਜੋ ਮਨੁੱਖ ਇਹਨਾਂ ਨੂੰ ਤਿਆਗਦਾ ਹੈ) ਉਹੀ ਮਨੁੱਖ ਪ੍ਰਭੂ-ਮਿਲਾਪ ਵਾਲੀ ਅਵਸਥਾ ਨਾਲ ਸਾਂਝ ਪਾਂਦਾ ਹੈ ॥੧॥ ਰਹਾਉ ॥

48080	1123	ਰਜ ਗੁਣ ਤਮ ਗੁਣ ਸਤ ਗੁਣ ਕਹੀਐ ਇਹ ਤੇਰੀ ਸਭ ਮਾਇਆ॥		Raj Gun Tham Gun Sath Gun Keheeai Eih Thaeree Sabh Maaeiaa ||	Raajas, the quality of energy and activity; Taamas, the quality of darkness and inertia; and Satvas, the quality of purity and light, are all called the creations of Maya, Your illusion.	ਕੋਈ ਜੀਵ ਰਜੋ ਗੁਣ ਵਿਚ ਹਨ, ਕੋਈ ਤਮੋ ਗੁਣ ਵਿਚ ਹਨ, ਕੋਈ ਸਤੋ ਗੁਣ ਵਿਚ ਹਨ। ਪਰ (ਜੀਵਾਂ ਦੇ ਕੀਹ ਵੱਸ?) ਇਹ ਸਭ ਕੁਝ, ਹੇ ਪ੍ਰਭੂ! ਤੇਰੀ ਮਾਇਆ ਹੀ ਕਹੀ ਜਾ ਸਕਦੀ ਹੈ।
48081	1123	ਚਉਥੇ ਪਦ ਕਉ ਜੋ ਨਰੁ ਚੀਨ੍ਹੈ ਤਿਨ੍ ਹੀ ਪਰਮਪਦੁ ਪਾਇਆ॥੨॥		Chouthhae Padh Ko Jo Nar Cheenhai Thinh Hee Param Padh Paaeiaa ||2||	That man who realizes the fourth state - he alone obtains the supreme state. ||2||	ਜੋ ਮਨੁੱਖ (ਇਹਨਾਂ ਤੋਂ ਉਤਾਂਹ) ਚੌਥੀ ਅਵਸਥਾ (ਪ੍ਰਭੂ-ਮਿਲਾਪ) ਨਾਲ ਜਾਣ-ਪਛਾਣ ਕਰਦਾ ਹੈ, ਉਸੇ ਨੂੰ ਹੀ ਉੱਚੀ ਆਤਮਕ ਅਵਸਥਾ ਪ੍ਰਾਪਤ ਹੁੰਦੀ ਹੈ ॥੨॥
48082	1123	ਤੀਰਥ ਬਰਤ ਨੇਮ ਸੁਚਿ ਸੰਜਮ ਸਦਾ ਰਹੈ ਨਿਹਕਾਮਾ॥		Theerathh Barath Naem Such Sanjam Sadhaa Rehai Nihakaamaa ||	Amidst pilgrimages, fasting, rituals, purification and self-discipline, he remains always without thought of reward.	ਉਹ ਸਦਾ ਤੀਰਥ ਵਰਤ ਸੁੱਚ ਸੰਜਮ ਆਦਿਕ ਨੇਮਾਂ ਵਲੋਂ ਨਿਸ਼ਕਾਮ ਰਹਿੰਦਾ ਹੈ, (ਭਾਵ, ਇਹਨਾਂ ਕਰਮਾਂ ਦੇ ਕਰਨ ਦੀ ਉਸ ਨੂੰ ਚਾਹ ਨਹੀਂ ਰਹਿੰਦੀ)।
48083	1123	ਤ੍ਰਿਸਨਾ ਅਰੁ ਮਾਇਆ ਭ੍ਰਮੁ ਚੂਕਾ ਚਿਤਵਤ ਆਤਮ ਰਾਮਾ॥੩॥		Thrisanaa Ar Maaeiaa Bhram Chookaa Chithavath Aatham Raamaa ||3||	Thirst and desire for Maya and doubt depart, remembering the Lord, the Supreme Soul. ||3||	ਜੋ ਮਨੁੱਖ ਸਦਾ ਸਰਬ-ਵਿਆਪਕ ਪ੍ਰਭੂ ਨੂੰ ਸਿਮਰਦਾ ਹੈ, ਉਸ ਦੇ ਅੰਦਰੋਂ ਮਾਇਆ ਦੀ ਤ੍ਰਿਸ਼ਨਾ ਤੇ ਭਟਕਣਾ ਦੂਰ ਹੋ ਜਾਂਦੀ ਹੈ ॥੩॥

48084	1123	ਜਿਹ ਮੰਦਰਿ ਦੀਪਕੁ ਪਰਗਾਸਿਆ ਅੰਧਕਾਰੁ ਤਹ ਨਾਸਾ॥		Jih Mandhar Dheepak Paragaasiaa Andhhakaar Theh Naasaa ||	When the temple is illuminated by the lamp, its darkness is dispelled.	*ਜਿਵੇਂ) ਜਿਸ ਘਰ ਵਿਚ ਦੀਵਾ ਜਗ ਪਏ, ਉੱਥੋਂ ਹਨੇਰਾ ਦੂਰ ਹੋ ਜਾਂਦਾ ਹੈ,
48085	1123	ਨਿਰਭਉ ਪੂਰਿ ਰਹੇ ਭ੍ਰਮੁ ਭਾਗਾ ਕਹਿ ਕਬੀਰ ਜਨ ਦਾਸਾ॥੪॥੧॥		Nirabho Poor Rehae Bhram Bhaagaa Kehi Kabeer Jan Dhaasaa ||4||1||	The Fearless Lord is All-pervading. Doubt has run away, says Kabeer, the Lord's humble slave. ||4||1||	ਪ੍ਰਭੂ ਦਾ ਜਨ, ਪ੍ਰਭੂ ਦਾ ਦਾਸ ਕਬੀਰ ਆਖਦਾ ਹੈ ਤਿਵੇਂ ਹੀ ਜਿਸ ਹਿਰਦੇ ਵਿਚ ਨਿਰਭਉ ਪ੍ਰਭੂ ਪਰਗਟ ਹੋ ਜਾਏ ਉਸ ਦੀ ਭਟਕਣਾ ਮਿਟ ਜਾਂਦੀ ਹੈ ॥੪॥੧॥
48086	1123	ਕਿਨਹੀ ਬਨਜਿਆ ਕਾਂਸੀ ਤਾਂਬਾ ਕਿਨਹੀ ਲਉਗ ਸੁਪਾਰੀ॥		Kinehee Banajiaa Kaansee Thaanbaa Kinehee Loug Supaaree ||	Some deal in bronze and copper, some in cloves and betel nuts.	ਕਈ ਲੋਕ ਕੈਂਹ ਤਾਂਬੇ ਆਦਿਕ ਦਾ ਵਣਜ ਕਰਦੇ ਹਨ, ਕਈ ਲੌਂਗ ਸੁਪਾਰੀ ਆਦਿਕ ਵਣਜਦੇ ਹਨ।
48087	1123	ਸੰਤਹੁ ਬਨਜਿਆ ਨਾਮੁ ਗੋਬਿਦ ਕਾ ਐਸੀ ਖੇਪ ਹਮਾਰੀ॥੧॥		Santhahu Banajiaa Naam Gobidh Kaa Aisee Khaep Hamaaree ||1||	The Saints deal in the Naam, the Name of the Lord of the Universe. Such is my merchandise as well. ||1||	ਪ੍ਰਭੂ ਦੇ ਸੰਤਾਂ ਨੇ ਪਰਮਾਤਮਾ ਦਾ ਨਾਮ ਵਣਜਿਆ ਹੈ; ਮੈਂ ਭੀ ਇਹੀ ਸੌਦਾ ਲੱਦਿਆ ਹੈ ॥੧॥
48088	1123	ਹਰਿ ਕੇ ਨਾਮ ਕੇ ਬਿਆਪਾਰੀ॥		Har Kae Naam Kae Biaapaaree ||	I am a trader in the Name of the Lord.	ਜੋ ਮਨੁੱਖ ਪ੍ਰਭੂ ਦੇ ਨਾਮ ਦਾ ਵਣਜ ਕਰਦੇ ਹਨ,

48089	1123	ਹੀਰਾ ਹਾਥਿ ਚੜਿਆ ਨਿਰਮੋਲਕੁ ਛੂਟਿ ਗਈ ਸੰਸਾਰੀ॥੧॥ਰਹਾਉ॥		Heeraa Haathh Charriaa Niramolak Shhoott Gee Sansaaree ||1|| Rehaao ||	The priceless diamond has come into my hands. I have left the world behind. ||1||Pause||	ਉਹਨਾਂ ਨੂੰ ਪ੍ਰਭੂ ਦਾ ਨਾਮ-ਰੂਪ ਅਮੋਲਕ ਹੀਰਾ ਲੱਭ ਪੈਂਦਾ ਹੈ। ਤੇ, ਉਹਨਾਂ ਦੀ ਉਹ ਬਿਰਤੀ ਮੁੱਕ ਜਾਂਦੀ ਹੈ, ਜੋ ਸਦਾ ਸੰਸਾਰ ਵਿਚ ਹੀ ਜੋੜੀ ਰੱਖਦੀ ਹੈ ॥੧॥ ਰਹਾਉ ॥
48090	1123	ਸਾਚੇ ਲਾਏ ਤਉ ਸਚ ਲਾਗੇ ਸਾਚੇ ਕੇ ਬਿਉਹਾਰੀ॥		Saachae Laaeae Tho Sach Laagae Saachae Kae Biouhaaree ||	When the True Lord attached me, then I was attached to Truth. I am a trader of the True Lord.	ਸੱਚੇ ਨਾਮ ਦਾ ਵਪਾਰ ਕਰਨ ਵਾਲੇ ਬੰਦੇ ਤਦੋਂ ਹੀ ਸੱਚੇ ਨਾਮ ਵਿਚ ਲੱਗਦੇ ਹਨ, ਜਦੋਂ ਪ੍ਰਭੂ ਆਪ ਉਹਨਾਂ ਨੂੰ ਇਸ ਵਣਜ ਵਿਚ ਲਾਂਦਾ ਹੈ।
48091	1123	ਸਾਚੀ ਬਸਤੁ ਕੇ ਭਾਰ ਚਲਾਏ ਪਹੁਚੇ ਜਾਇ ਭੰਡਾਰੀ॥੨॥		Saachee Basath Kae Bhaar Chalaaeae Pahuchae Jaae Bhanddaaree ||2||	I have loaded the commodity of Truth; It has reached the Lord, the Treasurer. ||2||	ਉਹ ਮਨੁੱਖ ਇਸ ਸਦਾ-ਥਿਰ ਰਹਿਣ ਵਾਲੀ ਨਾਮ ਵਸਤ ਦੇ ਲੱਦੇ ਲੱਦ ਤੁਰਦੇ ਹਨ, ਤੇ ਪ੍ਰਭੂ ਦੀ ਹਜ਼ੂਰੀ ਵਿਚ ਜਾ ਅੱਪੜਦੇ ਹਨ ॥੨॥
48092	1123	ਆਪਹਿ ਰਤਨ ਜਵਾਹਰ ਮਾਨਿਕ ਆਪੈ ਹੈ ਪਾਸਾਰੀ॥		Aapehi Rathan Javaahar Maanik Aapai Hai Paasaaree ||	He Himself is the pearl, the jewel, the ruby; He Himself is the jeweller.	ਪ੍ਰਭੂ ਆਪ ਹੀ ਰਤਨ ਹੈ, ਆਪ ਹੀ ਹੀਰਾ ਹੈ, ਆਪ ਹੀ ਮੋਤੀ ਹੈ, ਉਹ ਆਪ ਹੀ ਇਸ ਦਾ ਹੱਟ ਚਲਾ ਰਿਹਾ ਹੈ;

48093	1123	ਆਪੈ ਦਹ ਦਿਸ ਆਪ ਚਲਾਵੈ ਨਿਹਚਲੁ ਹੈ ਬਿਆਪਾਰੀ॥੩॥		Aapai Dheh Dhis Aap Chalaavai Nihachal Hai Biaapaaree ||3||	He Himself spreads out in the ten directions. The Merchant is Eternal and Unchanging. ||3||	ਉਹ ਆਪ ਹੀ ਸਦਾ-ਥਿਰ ਰਹਿਣ ਵਾਲਾ ਸੌਦਾਗਰ ਹੈ, ਉਹ ਆਪ ਹੀ ਜੀਵ-ਵਣਜਾਰਿਆਂ ਨੂੰ (ਜਗਤ ਵਿਚ) ਦਸੀਂ ਪਾਸੀਂ ਤੋਰ ਰਿਹਾ ਹੈ ॥੩॥
48094	1123	ਮਨੁ ਕਰਿ ਬੈਲੁ ਸੁਰਤਿ ਕਰਿ ਪੈਡਾ ਗਿਆਨ ਗੋਨਿ ਭਰਿ ਡਾਰੀ॥	ਪੈਂਡਾ	Man Kar Bail Surath Kar Paiddaa Giaan Gon Bhar Ddaaree ||	My mind is the bull, and meditation is the road; I have filled my packs with spiritual wisdom, and loaded them on the bull.	ਮੈਂ ਆਪਣੇ ਮਨ ਨੂੰ ਬਲਦ ਬਣਾ ਕੇ, (ਪ੍ਰਭੂ-ਚਰਨਾਂ ਵਿਚ ਜੁੜੀ ਆਪਣੀ) ਸੁਰਤ ਦੀ ਰਾਹੀਂ ਜੀਵਨ-ਪੰਧ ਤੁਰ ਕੇ (ਗੁਰੂ ਦੇ ਦੱਸੇ) ਗਿਆਨ ਦੀ ਛੱਟ ਭਰ ਲਈ ਹੈ।
48095	1123	ਕਹਤੁ ਕਬੀਰੁ ਸੁਨਹੁ ਰੇ ਸੰਤਹੁ ਨਿਬਹੀ ਖੇਪ ਹਮਾਰੀ॥੪॥੨॥		Kehath Kabeer Sunahu Rae Santhahu Nibehee Khaep Hamaaree ||4||2||	Says Kabeer, listen, O Saints: my merchandise has reached its destination! ||4||2||	ਕਬੀਰ ਆਖਦਾ ਹੈ ਕਿ ਹੇ ਸੰਤ ਜਨੋ! ਸੁਣੋ, ਮੇਰਾ ਵਣਜਿਆ ਹੋਇਆ ਨਾਮ-ਵੱਖਰ ਬੜਾ ਲਾਹੇ-ਵੰਦਾ ਹੋਇਆ ਹੈ ॥੪॥੨॥
48096	1123	ਰੀ ਕਲਵਾਰਿ ਗਵਾਰਿ ਮੂਢ ਮਤਿ ਉਲਟੋ ਪਵਨੁ ਫਿਰਾਵਉ॥		Ree Kalavaar Gavaar Moodt Math Oulatto Pavan Firaavo ||	You barbaric brute, with your primitive intellect - reverse your breath and turn it inward.	ਹੇ (ਮਾਇਆ ਦਾ) ਨਸ਼ਾ ਵੰਡਣ ਵਾਲੀ! ਹੇ ਗੰਵਾਰਨ! ਹੇ ਮੇਰੀ ਮੂਰਖ ਅਕਲ! ਮੈਂ ਤਾਂ (ਨਾਮ-ਅੰਮ੍ਰਿਤ ਦੀ ਮੌਜ ਵਿਚ) ਆਪਣੇ ਵਿੰਗੇ ਜਾਂਦੇ ਚੰਚਲ ਮਨ ਨੂੰ (ਮਾਇਆ ਵਲੋਂ) ਵਰਜ ਰਿਹਾ ਹਾਂ।

48097	1123	ਮਨੁ ਮਤਵਾਰ ਮੇਰ ਸਰ ਭਾਠੀ ਅੰਮ੍ਰਿਤਧਾਰ ਚੁਆਵਉ॥੧॥		Man Mathavaar Maer Sar Bhaathee Anmrith Dhhaar Chuaavo ||1||	Let your mind be intoxicated with the stream of Ambrosial Nectar which trickles down from the furnace of the Tenth Gate. ||1||	(ਪ੍ਰਭੂ-ਚਰਨਾਂ ਵਿਚ ਜੁੜੀ) ਸੁਰਤ ਦੀ ਭੱਠੀ ਬਣਾ ਕੇ ਮੈਂ ਜਿਉਂ ਜਿਉਂ (ਨਾਮ-) ਅੰਮ੍ਰਿਤ ਦੀਆਂ ਧਾਰਾਂ ਚੋਂਦਾ ਹਾਂ, ਤਿਉਂ ਤਿਉਂ ਮੇਰਾ ਮਨ (ਉਸ ਵਿਚ) ਮਸਤ ਹੁੰਦਾ ਜਾ ਰਿਹਾ ਹੈ ॥੧॥
48098	1123	ਬੋਲਹੁ ਭਈਆ ਰਾਮ ਕੀ ਦੁਹਾਈ॥		Bolahu Bheeaa Raam Kee Dhuhaaee ||	O Siblings of Destiny, call on the Lord.	ਹੇ ਭਾਈ! ਮੁੜ ਮੁੜ ਪ੍ਰਭੂ ਦੇ ਨਾਮ ਦਾ ਜਾਪ ਜਪੋ; ਹੇ ਸੰਤ ਜਨੋ! (ਪ੍ਰਭੂ ਦੇ ਨਾਮ ਦਾ ਜਾਪ-ਰਸ ਅੰਮ੍ਰਿਤ) ਪੀਓ।
48099	1123	ਪੀਵਹੁ ਸੰਤ ਸਦਾ ਮਤਿ ਦੁਰਲਭ ਸਹਜੇ ਪਿਆਸ ਬੁਝਾਈ॥੧॥ਰਹਾਉ॥	ਦੁਰ-ਲਭ	Peevahu Santh Sadhaa Math Dhuralabh Sehajae Piaas Bujhaaee ||1|| Rehaao ||	O Saints, drink in this wine forever; it is so difficult to obtain, and it quenches your thirst so easily. ||1||Pause||	ਇਸ ਨਾਮ-ਰਸ ਅੰਮ੍ਰਿਤ ਦੇ ਪੀਣ ਨਾਲ) ਤੁਹਾਡੀ ਮਤ ਸਦਾ ਲਈ ਐਸੀ ਬਣ ਜਾਇਗੀ ਜੋ ਮੁਸ਼ਕਲ ਨਾਲ ਬਣਿਆ ਕਰਦੀ ਹੈ, (ਇਹ ਅੰਮ੍ਰਿਤ) ਸਹਿਜ ਅਵਸਥਾ ਵਿਚ (ਅਪੜਾ ਕੇ, ਮਾਇਆ ਦੀ) ਪਿਆਸ ਬੁਝਾ ਦੇਂਦਾ ਹੈ ॥੧॥ ਰਹਾਉ ॥
48100	1123	ਭੈ ਬਿਚਿ ਭਾਉ ਭਾਇ ਕੋਊ ਬੂਝਹਿ ਹਰਿ ਰਸੁ ਪਾਵੈ ਭਾਈ॥		Bhai Bich Bhaao Bhaae Kooo Boojhehi Har Ras Paavai Bhaaee ||	In the Fear of God, is the Love of God. Only those few who understand His Love obtain the sublime essence of the Lord, O Siblings of Destiny.	ਹੇ ਭਾਈ! ਜੋ ਜੋ ਮਨੁੱਖ ਇਸ ਹਰਿ-ਨਾਮ ਅੰਮ੍ਰਿਤ ਦਾ ਸੁਆਦ ਚੱਖਦਾ ਹੈ, ਪ੍ਰਭੂ ਦੇ ਡਰ ਵਿਚ ਰਹਿ ਕੇ ਉਸ ਦੇ ਅੰਦਰ ਪ੍ਰਭੂ ਦਾ ਪ੍ਰੇਮ ਪੈਦਾ ਹੁੰਦਾ ਹੈ। ਉਸ ਪ੍ਰੇਮ ਦੀ ਬਰਕਤਿ ਨਾਲ ਉਹ ਵਿਰਲੇ (ਭਾਗਾਂ ਵਾਲੇ) ਬੰਦੇ ਇਹ ਗੱਲ ਸਮਝ ਲੈਂਦੇ ਹਨ,

48101	1123	ਜੇਤੇ ਘਟ ਅੰਮ੍ਰਿਤੁ ਸਭ ਹੀ ਮਹਿ ਭਾਵੈ ਤਿਸਹਿ ਪੀਆਈ॥੨॥		Jaethae Ghatt Anmrith Sabh Hee Mehi Bhaavai Thisehi Peeaaee ||2||	As many hearts as there are - in all of them, is His Ambrosial Nectar; as He pleases, He causes them to drink it in. ||2||	ਕਿ ਜਿਤਨੇ ਭੀ ਜੀਵ ਹਨ, ਉਹਨਾਂ ਸਭਨਾਂ ਦੇ ਅੰਦਰ ਇਹ ਨਾਮ-ਅੰਮ੍ਰਿਤ ਮੌਜੂਦ ਹੈ। ਪਰ, ਜੋ ਜੀਵ ਉਸ ਪ੍ਰਭੂ ਨੂੰ ਚੰਗਾ ਲੱਗਦਾ ਹੈ ਉਸੇ ਨੂੰ ਹੀ ਉਹ ਅੰਮ੍ਰਿਤ ਪਿਆਲਦਾ ਹੈ ॥੨॥
48102	1123	ਨਗਰੀ ਏਕੈ ਨਉ ਦਰਵਾਜੇ ਧਾਵਤੁ ਬਰਜਿ ਰਹਾਈ॥		Nagaree Eaekai No Dharavaajae Dhhaavath Baraj Rehaaee ||	There are nine gates to the one city of the body; restrain your mind from escaping through them.	("ਰਾਮ ਕੀ ਦੁਹਾਈ" ਦੀ ਬਰਕਤਿ ਨਾਲ) ਜੋ ਮਨੁੱਖ ਇਸ ਨੌ-ਗੋਲਕੀ ਸਰੀਰ ਦੇ ਅੰਦਰ ਹੀ ਭਟਕਦੇ ਮਨ ਨੂੰ ਮਾਇਆ ਵਲੋਂ ਵਰਜ ਕੇ ਰੋਕ ਰੱਖਦਾ ਹੈ,
48103	1123	ਤ੍ਰਿਕੁਟੀ ਛੂਟੈ ਦਸਵਾਦਰੁ ਖੂਲ੍ਹੈ ਤਾ ਮਨੁ ਖੀਵਾ ਭਾਈ॥੩॥	ਦਸਵਾ-ਦਰੁ	Thrikuttee Shhoottai Dhasavaa Dhar Khoolhai Thaa Man Kheevaa Bhaaee ||3||	When the knot of the three qualities is untied, then the Tenth Gate opens up, and the mind is intoxicated, O Siblings of Destiny. ||3||	ਉਸ ਦੀ ਤ੍ਰਿਊੜੀ ਮੁੱਕ ਜਾਂਦੀ ਹੈ (ਭਾਵ, ਮਾਇਆ ਦੇ ਕਾਰਨ ਪੈਦਾ ਹੋਈ ਖਿੱਝ ਖ਼ਤਮ ਹੋ ਜਾਂਦੀ ਹੈ), ਉਸ ਦੀ ਸੁਰਤ ਪ੍ਰਭੂ-ਚਰਨਾਂ ਵਿਚ ਜੁੜ ਜਾਂਦੀ ਹੈ ਤੇ (ਉਸ ਮਿਲਾਪ ਵਿਚ ਉਸ ਦਾ) ਮਨ ਮਗਨ ਰਹਿੰਦਾ ਹੈ ॥੩॥

48104	1123	ਅਭੈ ਪਦ ਪੂਰਿ ਤਾਪ ਤਹ ਨਾਸੇ ਕਹਿ ਕਬੀਰ ਬੀਚਾਰੀ॥		Abhai Padh Poor Thaap Theh Naasae Kehi Kabeer Beechaaree ||	When the mortal fully realizes the state of fearless dignity, then his sufferings vanish; so says Kabeer after careful deliberation.	ਹੁਣ ਕਬੀਰ ਇਹ ਗੱਲ ਬੜੇ ਯਕੀਨ ਨਾਲ ਆਖਦਾ ਹੈ ਕਿ ('ਰਾਮ ਕੀ ਦੁਹਾਈ' ਦੀ ਬਰਕਤਿ ਨਾਲ) ਮਨ ਵਿਚ ਉਹ ਹਾਲਤ ਪੈਦਾ ਹੋ ਜਾਂਦੀ ਹੈ ਜਿੱਥੇ ਇਸ ਨੂੰ ਦੁਨੀਆ ਦੇ ਕੋਈ) ਡਰ ਨਹੀਂ ਪੋਂਹਦੇ, ਮਨ ਦੇ ਸਾਰੇ ਕਲੇਸ਼ ਨਾਸ ਹੋ ਜਾਂਦੇ ਹਨ।
48105	1123	ਉਬਟ ਚਲੰਤੇ ਇਹੁ ਮਦੁ ਪਾਇਆ ਜੈਸੇ ਖੋਂਦ ਖੁਮਾਰੀ॥੪॥੩॥	ਚ-ਲੰਤੇ	Oubatt Chalanthae Eihu Madh Paaeiaa Jaisae Khonadh Khumaaree ||4||3||	Turning away from the world, I have obtained this wine, and I am intoxicated with it. ||4||3||	(ਪਰ ਇਹ ਨਾਮ-ਅੰਮ੍ਰਿਤ ਹਾਸਲ ਕਰਨ ਵਾਲਾ ਰਾਹ, ਔਖਾ ਪਹਾੜੀ ਰਾਹ ਹੈ) ਇਸ ਔਖੇ ਚੜ੍ਹਾਈ ਦੇ ਰਾਹ ਚੜ੍ਹਦਿਆਂ ਹੀ ਇਹ ਨਸ਼ਾ ਪ੍ਰਾਪਤ ਹੁੰਦਾ ਹੈ (ਤੇ ਇਹ ਨਸ਼ਾ ਇਉਂ ਹੈ) ਜਿਵੇਂ ਅੰਗੂਰੀ ਸ਼ਰਾਬ ਦਾ ਨਸ਼ਾ ਹੁੰਦਾ ਹੈ ॥੪॥੩॥
48106	1123	ਕਾਮ ਕ੍ਰੋਧ ਤ੍ਰਿਸਨਾ ਕੇ ਲੀਨੇ ਗਤਿ ਨਹੀ ਏਕੈ ਜਾਨੀ॥		Kaam Krodhh Thrisanaa Kae Leenae Gath Nehee Eaekai Jaanee ||	You are engrossed with unsatisfied sexual desire and unresolved anger; you do not know the State of the One Lord.	(ਹੇ ਅੰਞਾਣ!) ਕਾਮ, ਕ੍ਰੋਧ, ਤ੍ਰਿਸ਼ਨਾ ਆਦਿਕ ਵਿਚ ਗ੍ਰਸੇ ਰਹਿ ਕੇ ਤੂੰ ਇਹ ਨਹੀਂ ਸਮਝਿਆ ਕਿ ਪ੍ਰਭੂ ਨਾਲ ਮੇਲ ਕਿਵੇਂ ਹੋ ਸਕੇਗਾ।
48107	1123	ਫੂਟੀ ਆਖੈ ਕਛੂ ਨ ਸੂਝੈ ਬੂਡਿ ਮੂਏ ਬਿਨੁ ਪਾਨੀ॥੧॥	ਆਂਖੈਂ	Foottee Aakhai Kashhoo N Soojhai Boodd Mooeae Bin Paanee ||1||	Your eyes are blinded, and you see nothing at all. You drown and die without water. ||1||	ਮਾਇਆ ਵਿਚ ਤੂੰ ਅੰਨ੍ਹਾ ਹੋ ਰਿਹਾ ਹੈਂ, (ਮਾਇਆ ਤੋਂ ਬਿਨਾ) ਕੁਝ ਹੋਰ ਤੈਨੂੰ ਸੁੱਝਦਾ ਹੀ ਨਹੀਂ। ਤੂੰ ਪਾਣੀ ਤੋਂ ਬਿਨਾ ਹੀ (ਰੜੇ ਹੀ) ਡੁੱਬ ਮੋਇਓਂ ॥੧॥

48108	1124	ਚਲਤ ਕਤ ਟੇਢੇ ਟੇਢੇ ਟੇਢੇ॥		Chalath Kath Ttaedtae Ttaedtae Ttaedtae ||	Why do you walk in that crooked, zig-zag way?	(ਹੇ ਅੰਞਾਣ ਜੀਵ!) ਕਿਉਂ ਆਕੜ ਆਕੜ ਕੇ ਤੁਰਦਾ ਹੈਂ?
48109	1124	ਅਸਤਿ ਚਰਮ ਬਿਸਟਾ ਕੇ ਮੂੰਦੇ ਦੁਰਗੰਧ ਹੀ ਕੇ ਬੇਢੇ॥੧॥ਰਹਾਉ॥	ਅਸ-ਤਿ	Asath Charam Bisattaa Kae Moondhae Dhuragandhh Hee Kae Baedtae ||1|| Rehaao ||	You are nothing more than a bundle of bones, wrapped in skin, filled with manure; you give off such a rotten smell! ||1||Pause||	ਹੈਂ ਤਾਂ ਤੂੰ ਹੱਡੀਆਂ, ਚੰਮੜੀ ਤੇ ਵਿਸ਼ਟੇ ਨਾਲ ਹੀ ਭਰਿਆ ਹੋਇਆ, ਤੇ ਦੁਰਗੰਧ ਨਾਲ ਹੀ ਲਿੱਬੜਿਆ ਹੋਇਆ ॥੧॥ ਰਹਾਉ ॥
48110	1124	ਰਾਮ ਨ ਜਪਹੁ ਕਵਨ ਭ੍ਰਮ ਭੂਲੇ ਤੁਮ ਤੇ ਕਾਲੁ ਨ ਦੂਰੇ॥		Raam N Japahu Kavan Bhram Bhoolae Thum Thae Kaal N Dhoorae ||	You do not meditate on the Lord. What doubts have confused and deluded you? Death is not far away from you!	(ਹੇ ਅੰਞਾਣ!) ਤੂੰ ਪ੍ਰਭੂ ਨੂੰ ਨਹੀਂ ਸਿਮਰਦਾ, ਕਿਹੜੇ ਭੁਲੇਖਿਆਂ ਵਿਚ ਭੁੱਲਿਆ ਹੈਂ? (ਕੀ ਤੇਰਾ ਇਹ ਖ਼ਿਆਲ ਹੈ ਕਿ ਮੌਤ ਨਹੀਂ ਆਵੇਗੀ?) ਮੌਤ ਤੈਥੋਂ ਦੂਰ ਨਹੀਂ।
48111	1124	ਅਨਿਕ ਜਤਨ ਕਰਿ ਇਹ ਤਨੁ ਰਾਖਹੁ ਰਹੈ ਅਵਸਥਾ ਪੂਰੇ॥੨॥	ਅਵਸਥਾ ਉਮਰ ਪੂਰੀ ਹੋਣ ਤੋਂ (ਰਹੈ) ਰਹਿ ਖਤਮ ਹੋ ਜਾਵੇਗਾ	Anik Jathan Kar Eihu Than Raakhahu Rehai Avasathhaa Poorae ||2||	Making all sorts of efforts, you manage to preserve this body, but it shall only survive until its time is up. ||2||	ਜਿਸ ਸਰੀਰ ਨੂੰ ਅਨੇਕਾਂ ਜਤਨ ਕਰ ਕੇ ਪਾਲ ਰਿਹਾ ਹੈਂ, ਇਹ ਉਮਰ ਪੂਰੀ ਹੋਣ ਤੇ ਢਹਿ ਪਏਗਾ ॥੨॥

48112	1124	ਆਪਨ ਕੀਆ ਕਛੂ ਨ ਹੋਵੈ ਕਿਆ ਕੋ ਕਰੈ ਪਰਾਨੀ॥		Aapan Keeaa Kashhoo N Hovai Kiaa Ko Karai Paraanee ||	By one's own efforts, nothing is done. What can the mere mortal accomplish?	(ਪਰ) ਜੀਵ ਦੇ ਭੀ ਕੀਹ ਵੱਸ? ਜੀਵ ਦਾ ਆਪਣਾ ਕੀਤਾ ਕੁਝ ਨਹੀਂ ਹੋ ਸਕਦਾ।
48113	1124	ਜਾ ਤਿਸੁ ਭਾਵੈ ਸਤਿਗੁਰੁ ਭੇਟੈ ਏਕੋ ਨਾਮੁ ਬਖਾਨੀ॥੩॥		Jaa This Bhaavai Sathigur Bhaettai Eaeko Naam Bakhaanee ||3||	When it pleases the Lord, the mortal meets the True Guru, and chants the Name of the One Lord. ||3||	ਜਦੋਂ ਪ੍ਰਭੂ ਦੀ ਰਜ਼ਾ ਹੁੰਦੀ ਹੈ (ਜੀਵ ਨੂੰ) ਗੁਰੂ ਮਿਲਦਾ ਹੈ (ਤੇ, ਗੁਰੂ ਦੀ ਮਿਹਰ ਨਾਲ) ਇਹ ਪ੍ਰਭੂ ਦੇ ਨਾਮ ਨੂੰ ਹੀ ਸਿਮਰਦਾ ਹੈ ॥੩॥
48114	1124	ਬਲੂਆ ਕੇ ਘਰੂਆ ਮਹਿ ਬਸਤੇ ਫੁਲਵਤ ਦੇਹ ਅਇਆਨੇ॥	ਪੰਜ ਤੱਤ ਰੂਪੀ ਬਲੂਆ ਰੇਤੇ ਦੇ ਘਰੂਆ ਘਰ ਸ੍ਰੀਰ ਮਹਿ ਚ ।ਫੁੱਲਵਤ	Balooaa Kae Gharooaa Mehi Basathae Fulavath Dhaeh Aeiaanae ||	You live in a house of sand, but you still puff up your body - you ignorant fool!	ਹੇ ਅੰਞਾਣ! (ਇਹ ਤੇਰਾ ਸਰੀਰ ਰੇਤ ਦੇ ਘਰ ਸਮਾਨ ਹੈ) ਤੂੰ ਰੇਤ ਦੇ ਘਰ ਵਿਚ ਵੱਸਦਾ ਹੈਂ, ਤੇ ਇਸ ਸਰੀਰ ਉੱਤੇ ਮਾਣ ਕਰਦਾ ਹੈਂ।
48115	1124	ਕਹੁ ਕਬੀਰ ਜਿਹ ਰਾਮੁ ਨ ਚੇਤਿਓ ਬੂਡੇ ਬਹੁਤੁ ਸਿਆਨੇ॥੪॥੪॥		Kahu Kabeer Jih Raam N Chaethiou Booddae Bahuth Siaanae ||4||4||	Says Kabeer, those who do not remember the Lord may be very clever, but they still drown. ||4||4||	ਕਬੀਰ ਆਖਦਾ ਹੈ- ਜਿਨ੍ਹਾਂ ਬੰਦਿਆਂ ਨੇ ਪ੍ਰਭੂ ਦਾ ਸਿਮਰਨ ਨਹੀਂ ਕੀਤਾ, ਉਹ ਬੜੇ ਬੜੇ ਸਿਆਣੇ ਭੀ (ਸੰਸਾਰ-ਸਮੁੰਦਰ) ਵਿਚ ਡੁੱਬ ਗਏ ॥੪॥੪॥

48116	1124	ਟੇਢੀ ਪਾਗ ਟੇਢੇ ਚਲੇ ਲਾਗੇ ਬੀਰੇ ਖਾਨ॥		Ttaedtee Paag Ttaedtae Chalae Laagae Beerae Khaan ||	Your turban is crooked, and you walk crooked; and now you have started chewing betel leaves.	(ਅਹੰਕਾਰ ਵਿਚ) ਵਿੰਗੀ ਪੱਗ ਬੰਨ੍ਹਦਾ ਹੈ, ਆਕੜ ਕੇ ਤੁਰਦਾ ਹੈ, ਪਾਨ ਦੇ ਬੀੜੇ ਖਾਂਦਾ ਹੈ,
48117	1124	ਭਾਉ ਭਗਤਿ ਸਿਉ ਕਾਜੁ ਨ ਕਛੂਐ ਮੇਰੋ ਕਾਮੁ ਦੀਵਾਨ॥੧॥		Bhaao Bhagath Sio Kaaj N Kashhooai Maero Kaam Dheevaan ||1||	You have no use at all for loving devotional worship; you say you have business in court. ||1||	(ਤੇ ਆਖਦਾ ਹੈ ਕਿ) ਮੇਰਾ ਕੰਮ ਹੈ ਹਕੂਮਤ ਕਰਨੀ, ਪਰਮਾਤਮਾ ਨਾਲ ਪਿਆਰ ਜਾਂ ਪ੍ਰਭੂ ਦੀ ਭਗਤੀ ਦੀ ਮੈਨੂੰ ਕੋਈ ਲੋੜ ਨਹੀਂ ॥੧॥
48118	1124	ਰਾਮੁ ਬਿਸਾਰਿਓ ਹੈ ਅਭਿਮਾਨਿ॥		Raam Bisaariou Hai Abhimaan ||	In your egotistical pride, you have forgotten the Lord.	ਮਨੁੱਖ ਅਹੰਕਾਰ ਵਿਚ (ਆ ਕੇ) ਪਰਮਾਤਮਾ ਨੂੰ ਭੁਲਾ ਦੇਂਦਾ ਹੈ।
48119	1124	ਕਨਿਕ ਕਾਮਨੀ ਮਹਾ ਸੁੰਦਰੀ ਪੇਖਿ ਪੇਖਿ ਸਚੁ ਮਾਨਿ॥੧॥ ਰਹਾਉ ॥		Kanik Kaamanee Mehaa Sundharee Paekh Paekh Sach Maan ||1|| Rehaao ||	Gazing upon your gold, and your very beautiful wife, you believe that they are permanent. ||1||Pause||	ਸੋਨਾ ਤੇ ਬੜੀ ਸੁਹਣੀ ਇਸਤ੍ਰੀ ਵੇਖ ਵੇਖ ਕੇ ਇਹ ਮੰਨ ਬੈਠਦਾ ਹੈ ਕਿ ਇਹ ਸਦਾ ਰਹਿਣ ਵਾਲੇ ਹਨ ॥੧॥ ਰਹਾਉ ॥
48120	1124	ਲਾਲਚ ਝੂਠ ਬਿਕਾਰ ਮਹਾ ਮਦ ਇਹ ਬਿਧਿ ਅਉਧ ਬਿਹਾਨਿ॥		Laalach Jhooth Bikaar Mehaa Madh Eih Bidhh Aoudhh Bihaan ||	You are engrossed in greed, falsehood, corruption and great arrogance. Your life is passing away.	(ਮਾਇਆ ਦਾ) ਲਾਲਚ, ਝੂਠ, ਵਿਕਾਰ, ਬੜਾ ਅਹੰਕਾਰ- ਇਹਨੀਂ ਗੱਲੀਂ ਹੀ (ਸਾਰੀ) ਉਮਰ ਗੁਜ਼ਰ ਜਾਂਦੀ ਹੈ।

48121	1124	ਕਹਿ ਕਬੀਰ ਅੰਤ ਕੀ ਬੇਰ ਆਇ ਲਾਗੋ ਕਾਲੁ ਨਿਦਾਨਿ॥੨॥੫॥		Kehi Kabeer Anth Kee Baer Aae Laago Kaal Nidhaan ||2||5||	Says Kabeer, at the very last moment, death will come and seize you, you fool! ||2||5||	ਕਬੀਰ ਆਖਦਾ ਹੈ ਕਿ ਆਖ਼ਰ ਉਮਰ ਮੁੱਕਣ ਤੇ ਮੌਤ (ਸਿਰ ਤੇ) ਆ ਹੀ ਅੱਪੜਦੀ ਹੈ ॥੨॥੫॥
48122	1124	ਚਾਰਿ ਦਿਨ ਅਪਨੀ ਨਉਬਤਿ ਚਲੇ ਬਜਾਇ॥		Chaar Dhin Apanee Noubath Chalae Bajaae ||	The mortal beats the drum for a few days, and then he must depart.	ਮਨੁੱਖ (ਜੇ ਰਾਜਾ ਭੀ ਬਣ ਜਾਏ ਤਾਂ ਭੀ) ਥੋੜ੍ਹੇ ਹੀ ਦਿਨ ਰਾਜ ਮਾਣ ਕੇ ਇੱਥੋਂ) ਤੁਰ ਪੈਂਦਾ ਹੈ।
48123	1124	ਇਤਨਕੁ ਖਟੀਆ ਗਠੀਆ ਮਟੀਆ ਸੰਗਿ ਨ ਕਛੁ ਲੈ ਜਾਇ॥੧॥ਰਹਾਉ॥	ਇਤਨ-ਕੁ	Eithanak Khatteeaa Gatheeaa Matteeaa Sang N Kashh Lai Jaae ||1|| Rehaao ||	With so much wealth and cash and buried treasure, still, he cannot take anything with him. ||1||Pause||	ਜੇ ਇਤਨਾ ਧਨ ਭੀ ਜੋੜ ਲਏ ਕਿ ਗੰਢਾਂ ਬੰਨ੍ਹ ਲਏ, ਜ਼ਮੀਨ ਵਿਚ ਦੱਬ ਰੱਖੇ, ਤਾਂ ਭੀ ਕੋਈ ਚੀਜ਼ (ਅੰਤ ਵੇਲੇ ਜੀਵ ਦੇ) ਨਾਲ ਨਹੀਂ ਜਾਂਦੀ ॥੧॥ ਰਹਾਉ ॥
48124	1124	ਦਿਹਰੀ ਬੈਠੀ ਮਿਹਰੀ ਰੋਵੈ ਦੁਆਰੈ ਲਉ ਸੰਗਿ ਮਾਇ॥		Dhiharee Baithee Miharee Rovai Dhuaarai Lo Sang Maae ||	Sitting on the threshhold, his wife weeps and wails; his mother accompanies him to the outer gate.	(ਜਦੋਂ ਮਰ ਜਾਂਦਾ ਹੈ ਤਾਂ) ਘਰ ਦੀ ਦਲੀਜ਼ ਉੱਤੇ ਬੈਠੀ ਵਹੁਟੀ ਰੋਂਦੀ ਹੈ, ਬਾਹਰਲੇ ਬੂਹੇ ਤਕ ਉਸ ਦੀ ਮਾਂ (ਉਸ ਦੇ ਮੁਰਦਾ ਸਰੀਰ ਦਾ) ਸਾਥ ਕਰਦੀ ਹੈ,

48125	1124	ਮਰਹਟ ਲਗਿ ਸਭੁ ਲੋਗੁ ਕੁਟੰਬੁ ਮਿਲਿ ਹੰਸੁ ਇਕੇਲਾ ਜਾਇ॥੧॥	(ਮਰਹਟ) ਮਸਾਣ (ਲਗਿ) ਤੱਕ	Marehatt Lag Sabh Log Kuttanb Mil Hans Eikaelaa Jaae ||1||	All the people and relatives together go to the crematorium, but the swan-soul must go home all alone. ||1||	ਮਸਾਣਾਂ ਤਕ ਹੋਰ ਲੋਕ ਤੇ ਪਰਵਾਰ ਦੇ ਬੰਦੇ ਜਾਂਦੇ ਹਨ। ਪਰ ਜਿੰਦ ਇਕੱਲੀ ਹੀ ਜਾਂਦੀ ਹੈ ॥੧॥
48126	1124	ਵੈ ਸੁਤ ਵੈ ਬਿਤ ਵੈ ਪੁਰ ਪਾਟਨ ਬਹੁਰਿ ਨ ਦੇਖੈ ਆਇ॥	(ਵੈ) ਓਹ ਸੁਤਪੁੱਤ੍ਰ (ਬਿਤ) ਧਨ ਨਕਦ। (ਪੁਰ) ਪੁਰੀ)ਪਾਟਨ) ਸ਼ਹਿਰ	Vai Suth Vai Bith Vai Pur Paattan Bahur N Dhaekhai Aae ||	Those children, that wealth, that city and town - he shall not come to see them again.	ਉਹ (ਆਪਣੇ) ਪੁੱਤਰ, ਧਨ, ਨਗਰ ਸ਼ਹਿਰ ਮੁੜ ਕਦੇ ਆ ਕੇ ਨਹੀਂ ਵੇਖ ਸਕਦਾ।
48127	1124	ਕਹਤੁ ਕਬੀਰੁ ਰਾਮੁ ਕੀ ਨ ਸਿਮਰਹੁ ਜਨਮੁ ਅਕਾਰਥ ਜਾਇ॥੨॥੬॥		Kehath Kabeer Raam Kee N Simarahu Janam Akaarathh Jaae ||2||6||	Says Kabeer, why do you not meditate on the Lord? Your life is uselessly slipping away! ||2||6||	ਕਬੀਰ ਆਖਦਾ ਹੈ ਕਿ ਪਰਮਾਤਮਾ ਦਾ ਸਿਮਰਨ ਕਿਉਂ ਨਹੀਂ ਕਰਦਾ? (ਸਿਮਰਨ ਤੋਂ ਬਿਨਾ) ਜੀਵਨ ਵਿਅਰਥ ਚਲਾ ਜਾਂਦਾ ਹੈ ॥੨॥੬॥
48128	1124	ਰਾਗੁ ਕੇਦਾਰਾ ਬਾਣੀ ਰਵਿਦਾਸ ਜੀਉ ਕੀ		Raag Kaedhaaraa Baanee Ravidhaas Jeeo Kee	Raag Kaydaaraa, The Word Of Ravi Daas Jee:	ਰਾਗ ਕੇਦਾਰਾ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ।
48129	1124	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

48130	1124	ਖਟੁ ਕਰਮ ਕੁਲ ਸੰਜੁਗਤੁ ਹੈ ਹਰਿ ਭਗਤਿ ਹਿਰਦੈ ਨਾਹਿ॥		Khatt Karam Kul Sanjugath Hai Har Bhagath Hiradhai Naahi ||	One who performs the six religious rituals and comes from a good family, but who does not have devotion to the Lord in his heart,	ਜੇ ਕੋਈ ਮਨੁੱਖ ਉੱਚੀ ਬ੍ਰਾਹਮਣ ਕੁਲ ਦਾ ਹੋਵੇ, ਤੇ, ਨਿੱਤ ਛੇ ਕਰਮ ਕਰਦਾ ਹੋਵੇ; ਪਰ ਜੇ ਉਸ ਦੇ ਹਿਰਦੇ ਵਿਚ ਪਰਮਾਤਮਾ ਦੀ ਭਗਤੀ ਨਹੀਂ,
48131	1124	ਚਰਨਾਰਬਿੰਦ ਨ ਕਥਾ ਭਾਵੈ ਸੁਪਚ ਤੁਲਿ ਸਮਾਨਿ॥੧॥	(ਚਰਨਾਰਬਿੰਦ) ਚਰਨਕਵਲਾਂ ਦੀ। (ਸੁਪਚ) ਚੰਡਾਲ।ਸੁਪਚ: ਪੋਲਾ ਬੋਲੋ	Charanaarabindh N Kathhaa Bhaavai Supach Thul Samaan ||1||	One who does not appreciate talk of the Lord's Lotus Feet, is just like an outcaste, a pariah. ||1||	ਜੇ ਉਸ ਨੂੰ ਪ੍ਰਭੂ ਦੇ ਸੋਹਣੇ ਚਰਨਾਂ ਦੀਆਂ ਗੱਲਾਂ ਚੰਗੀਆਂ ਨਹੀਂ ਲੱਗਦੀਆਂ, ਤਾਂ ਉਹ ਚੰਡਾਲ ਦੇ ਬਰਾਬਰ ਹੈ, ਚੰਡਾਲ ਵਰਗਾ ਹੈ ॥੧॥
48132	1124	ਰੇ ਚਿਤ ਚੇਤਿ ਚੇਤ ਅਚੇਤ॥		Rae Chith Chaeth Chaeth Achaeth ||	Be conscious, be conscious, be conscious, O my unconscious mind.	ਹੇ ਮੇਰੇ ਗ਼ਾਫ਼ਲ ਮਨ! ਪ੍ਰਭੂ ਨੂੰ ਸਿਮਰ।
48133	1124	ਕਾਹੇ ਨ ਬਾਲਮੀਕਹਿ ਦੇਖ॥		Kaahae N Baalameekehi Dhaekh ||	Why do you not look at Baalmeek?	ਹੇ ਮਨ! ਤੂੰ ਬਾਲਮੀਕ ਵਲ ਕਿਉਂ ਨਹੀਂ ਵੇਖਦਾ?
48134	1124	ਕਿਸੁ ਜਾਤਿ ਤੇ ਕਿਹ ਪਦਹਿ ਅਮਰਿਓ ਰਾਮ ਭਗਤਿ ਬਿਸੇਖ॥੧॥ਰਹਾਉ॥	(ਅਮਰਿਓ) ਅੱਪੜੇ	Kis Jaath Thae Kih Padhehi Amariou Raam Bhagath Bisaekh ||1|| Rehaao ||	From such a low social status, what a high status he obtained! Devotional worship to the Lord is sublime! ||1||Pause||	ਇਕ ਨੀਵੀਂ ਜਾਤ ਤੋਂ ਬੜੇ ਵੱਡੇ ਦਰਜੇ ਉੱਤੇ ਅੱਪੜ ਗਿਆ-ਇਹ ਵਡਿਆਈ ਪਰਮਾਤਮਾ ਦੀ ਭਗਤੀ ਦੇ ਕਾਰਨ ਹੀ ਸੀ ॥੧॥ ਰਹਾਉ ॥

48135	1124	ਸੁਆਨ ਸਤ੍ਰੁ ਅਜਾਤੁ ਸਭ ਤੇ ਕ੍ਰਿਸ੍ਨ ਲਾਵੈ ਹੇਤੁ॥	(ਸੱਤ੍ਰੂ) ਵੈਰੀ। ਕ੍ਰਿਸ੍ਨ ਅੱਧਾ : ਪੋਲਾ ਬੋਲੋ	Suaan Sathra Ajaath Sabh Thae Kirasa Laavai Haeth ||	The killer of dogs, the lowest of all, was lovingly embraced by Krishna.	(ਬਾਲਮੀਕ) ਕੁੱਤਿਆਂ ਦਾ ਵੈਰੀ ਸੀ, ਸਭ ਲੋਕਾਂ ਨਾਲੋਂ ਚੰਡਾਲ ਸੀ, ਪਰ ਉਸ ਨੇ ਪ੍ਰਭੂ ਨਾਲ ਪਿਆਰ ਕੀਤਾ।
48136	1124	ਲੋਗੁ ਬਪੁਰਾ ਕਿਆ ਸਰਾਹੈ ਤੀਨਿ ਲੋਕ ਪ੍ਰਵੇਸ॥੨॥		Log Bapuraa Kiaa Saraahai Theen Lok Pravaes ||2||	See how the poor people praise him! His praise extends throughout the three worlds. ||2||	ਵਿਚਾਰਾ ਜਗਤ ਉਸ ਦੀ ਕੀਹ ਵਡਿਆਈ ਕਰ ਸਕਦਾ ਹੈ? ਉਸ ਦੀ ਸੋਭਾ ਤ੍ਰਿਲੋਕੀ ਵਿਚ ਖਿੱਲਰ ਗਈ ॥੨॥
48137	1124	ਅਜਾਮਲੁ ਪਿੰਗੁਲਾ ਲੁਭਤੁ ਕੁੰਚਰੁ ਗਏ ਹਰਿ ਕੈ ਪਾਸਿ॥	ਅਜਾਮੱਲੁ	Ajaamal Pingulaa Lubhath Kunchar Geae Har Kai Paas ||	Ajaamal, Pingulaa, Lodhia and the elephant went to the Lord.	ਅਜਾਮਲ, ਪਿੰਗਲਾ, ਸ਼ਿਕਾਰੀ, ਕੁੰਚਰ-ਇਹ ਸਾਰੇ (ਮੁਕਤ ਹੋ ਕੇ) ਪ੍ਰਭੂ-ਚਰਨਾਂ ਵਿਚ ਜਾ ਅੱਪੜੇ।
48138	1124	ਐਸੇ ਦੁਰਮਤਿ ਨਿਸਤਰੇ ਤੂ ਕਿਉ ਨ ਤਰਹਿ ਰਵਿਦਾਸ॥੩॥੧॥		Aisae Dhuramath Nisatharae Thoo Kio N Tharehi Ravidhaas ||3||1||	Even such evil-minded beings were emancipated. Why should you not also be saved, O Ravi Daas? ||3||1||	ਹੇ ਰਵਿਦਾਸ! ਜੇ ਅਜਿਹੀ ਭੈੜੀ ਮੱਤ ਵਾਲੇ ਤਰ ਗਏ ਤਾਂ ਤੂੰ (ਇਸ ਸੰਸਾਰ-ਸਾਗਰ ਤੋਂ) ਕਿਉਂ ਨ ਪਾਰ ਲੰਘੇਂਗਾ? ॥੩॥੧॥
48139	1125	ਰਾਗੁ ਭੈਰਉ ਮਹਲਾ ੧ ਘਰੁ ੧ ਚਉਪਦੇ	ਚਉ-ਪਦੇ	Raag Bhairo Mehalaa 1 Ghar 1 Choupadhae	Raag Bhairao, First Mehl, First House, Chau-Padas:	ਰਾਗ ਭੈਰਉ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।

48140	1125	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
48141	1125	ਤੁਝ ਤੇ ਬਾਹਰਿ ਕਿਛੂ ਨ ਹੋਇ॥		Thujh Thae Baahar Kishhoo N Hoe ||	Without You, nothing happens.	(ਜਗਤ ਵਿਚ) ਕੋਈ ਭੀ ਕੰਮ ਤੇਰੀ ਮਰਜ਼ੀ ਦੇ ਵਿਰੁੱਧ ਨਹੀਂ ਹੋ ਰਿਹਾ।
48142	1125	ਤੂ ਕਰਿ ਕਰਿ ਦੇਖਹਿ ਜਾਣਹਿ ਸੋਇ॥੧॥		Thoo Kar Kar Dhaekhehi Jaanehi Soe ||1||	You create the creatures, and gazing on them, you know them. ||1||	ਤੂੰ ਆਪ ਹੀ ਸਭ ਕੁਝ ਕਰ ਕਰ ਕੇ ਸੰਭਾਲ ਕਰਦਾ ਹੈਂ ਤੂੰ ਆਪ ਹੀ (ਆਪਣੇ ਕੀਤੇ ਨੂੰ) ਸਮਝਦਾ ਹੈਂ ॥੧॥
48143	1125	ਕਿਆ ਕਹੀਐ ਕਿਛੁ ਕਹੀ ਨ ਜਾਇ॥		Kiaa Keheeai Kishh Kehee N Jaae ||	What can I say? I cannot say anything.	(ਹੇ ਪ੍ਰਭੂ! ਜਗਤ ਵਿਚ) ਜੋ ਕੁਝ ਹੋ ਰਿਹਾ ਹੈ ਸਭ ਤੇਰੀ ਮਰਜ਼ੀ ਅਨੁਸਾਰ ਹੋ ਰਿਹਾ ਹੈ (ਚਾਹੇ ਉਹ ਜੀਵਾਂ ਵਾਸਤੇ ਸੁਖ ਹੈ ਚਾਹੇ ਦੁੱਖ ਹੈ।

48144	1125	ਜੋ ਕਿਛੁ ਅਹੈ ਸਭ ਤੇਰੀ ਰਜਾਇ॥੧॥ਰਹਾਉ॥		Jo Kishh Ahai Sabh Thaeree Rajaae ||1|| Rehaao ||	Whatever exists, is by Your Will. ||Pause||	ਜੇ ਜੀਵਾਂ ਨੂੰ ਕੋਈ ਕਸ਼ਟ ਮਿਲ ਰਿਹਾ ਹੈ, ਤਾਂ ਭੀ ਉਸ ਦੇ ਵਿਰੁੱਧ ਰੋਸ ਵਜੋਂ) ਅਸੀਂ ਜੀਵ ਕੀਹ ਆਖ ਸਕਦੇ ਹਾਂ? (ਸਾਨੂੰ ਤੇਰੀ ਰਜ਼ਾ ਦੀ ਸਮਝ ਨਹੀਂ ਹੈ, ਇਸ ਵਾਸਤੇ ਸਾਥੋਂ ਜੀਵਾਂ ਪਾਸੋਂ) ਕੋਈ ਗਿਲਾ ਕੀਤਾ ਨਹੀਂ ਜਾ ਸਕਦਾ (ਕੋਈ ਗਿਲਾ ਫਬਦਾ ਨਹੀਂ ਹੈ) ॥੧॥ ਰਹਾਉ ॥
48145	1125	ਜੋ ਕਿਛੁ ਕਰਣਾ ਸੁ ਤੇਰੈ ਪਾਸਿ॥		Jo Kishh Karanaa S Thaerai Paas ||	Whatever is to be done, rests with You.	ਅਸਾਂ ਜੀਵਾਂ ਨੇ ਜੇਹੜਾ ਭੀ ਕੋਈ ਤਰਲਾ ਕਰਨਾ ਹੈ ਤੇਰੇ ਪਾਸ ਹੀ ਕਰਨਾ ਹੈ।
48146	1125	ਕਿਸੁ ਆਗੈ ਕੀਚੈ ਅਰਦਾਸਿ॥੨॥		Kis Aagai Keechai Aradhaas ||2||	Unto whom should I offer my prayer? ||2||	(ਜੇ ਤੇਰੀ ਰਜ਼ਾ ਵਿਚ ਕੋਈ ਐਸੀ ਘਟਨਾ ਵਾਪਰੇ ਜੋ ਸਾਨੂੰ ਜੀਵਾਂ ਨੂੰ ਦੁਖਦਾਈ ਜਾਪੇ, ਤਾਂ ਭੀ ਤੈਥੋਂ ਬਿਨਾ) ਕਿਸੇ ਹੋਰ ਅੱਗੇ ਅਰਜ਼ੋਈ ਨਹੀਂ ਕੀਤੀ ਜਾ ਸਕਦੀ ॥੨॥
48147	1125	ਆਖਣੁ ਸੁਨਣਾ ਤੇਰੀ ਬਾਣੀ॥		Aakhan Sunanaa Thaeree Baanee ||	I speak and hear the Bani of Your Word.	(ਸਾਨੂੰ ਜੀਵਾਂ ਨੂੰ) ਇਹੀ ਫਬਦਾ ਹੈ ਕਿ ਅਸੀਂ ਤੇਰੀ ਸਿਫ਼ਤ-ਸਾਲਾਹ ਹੀ ਕਰੀਏ ਤੇ ਸੁਣੀਏ।
48148	1125	ਤੂ ਆਪੇ ਜਾਣਹਿ ਸਰਬ ਵਿਡਾਣੀ॥੩॥		Thoo Aapae Jaanehi Sarab Viddaanee ||3||	You Yourself know all Your Wondrous Play. ||3||	ਹੇ ਸਾਰੇ ਅਚਰਜ ਕੌਤਕ ਕਰਨ ਵਾਲੇ ਪ੍ਰਭੂ! ਤੂੰ ਆਪ ਹੀ (ਆਪਣੇ ਕੀਤੇ ਕੰਮਾਂ ਦੇ ਰਾਜ਼) ਸਮਝਦਾ ਹੈਂ ॥੩॥

48149	1125	ਕਰੇ ਕਰਾਏ ਜਾਣੈ ਆਪਿ॥		Karae Karaaeae Jaanai Aap ||	You Yourself act, and inspire all to act; only You Yourself know.	ਪ੍ਰਭੂ ਆਪ ਹੀ ਸਭ ਕੁਝ ਕਰਦਾ ਹੈ ਆਪ ਹੀ (ਜੀਵਾਂ ਪਾਸੋਂ) ਕਰਾਂਦਾ ਹੈ ਤੇ ਆਪ ਹੀ (ਸਾਰੇ ਭੇਦ ਨੂੰ) ਸਮਝਦਾ ਹੈ (ਕਿ ਕਿਉਂ ਇਹ ਕੁਝ ਕਰ ਤੇ ਕਰਾ ਰਿਹਾ ਹੈ)
48150	1125	ਨਾਨਕ ਦੇਖੈ ਥਾਪਿ ਉਥਾਪਿ॥੪॥੧॥		Naanak Dhaekhai Thhaap Outhhaap ||4||1||	Says Nanak, You, Lord, see, establish and disestablish. ||4||1||	ਹੇ ਨਾਨਕ! ਜਗਤ ਨੂੰ ਰਚ ਕੇ ਭੀ ਤੇ ਢਾਹ ਕੇ ਭੀ ਪ੍ਰਭੂ ਆਪ ਹੀ ਸੰਭਾਲ ਕਰਦਾ ਹੈ ॥੪॥੧॥
48151	1125	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
48152	1125	ਰਾਗੁ ਭੈਰਉ ਮਹਲਾ ੧ ਘਰੁ ੨॥		Raag Bhairo Mehalaa 1 Ghar 2 ||	Raag Bhairao, First Mehl, Second House:	ਰਾਗ ਭੈਰਉ, ਘਰ ੨ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
48153	1125	ਗੁਰ ਕੈ ਸਬਦਿ ਤਰੇ ਮੁਨਿ ਕੇਤੇ ਇੰਦ੍ਰਾਦਿਕ ਬ੍ਰਹਮਾਦਿ ਤਰੇ॥		Gur Kai Sabadh Tharae Mun Kaethae Eindhraadhik Brehamaadh Tharae ||	Through the Word of the Guru's Shabad, so many silent sages have been saved; Indra and Brahma have also been saved.	ਇੰਦ੍ਰ ਬ੍ਰਹਮਾ ਅਤੇ ਉਹਨਾਂ ਵਰਗੇ ਹੋਰ ਅਨੇਕਾਂ ਸਮਾਧੀਆਂ ਲਾਣ ਵਾਲੇ ਸਾਧੂ ਗੁਰੂ ਦੇ ਸ਼ਬਦ ਵਿਚ ਜੁੜ ਕੇ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘਦੇ ਰਹੇ,

48154	1125	ਸਨਕ ਸਨੰਦਨ ਤਪਸੀ ਜਨ ਕੇਤੇ ਗੁਰ ਪਰਸਾਦੀ ਪਾਰਿ ਪਰੇ॥੧॥	ਤ-ਪੱਸੀ	Sanak Sanandhan Thapasee Jan Kaethae Gur Parasaadhee Paar Parae ||1||	Sanak, Sanandan and many humble men of austerity, by Guru's Grace, have been carried across to the other side. ||1||	(ਬ੍ਰਹਮਾ ਦੇ ਪੁਤ੍ਰ) ਸਨਕ ਸਨੰਦਨ ਤੇ ਹੋਰ ਅਨੇਕਾਂ ਤਪੀ ਸਾਧੂ ਗੁਰੂ ਦੀ ਮੇਹਰ ਨਾਲ ਹੀ ਭਵਜਲ ਤੋਂ ਪਾਰ ਲੰਘੇ ॥੧॥
48155	1125	ਭਵਜਲੁ ਬਿਨੁ ਸਬਦੈ ਕਿਉ ਤਰੀਐ॥		Bhavajal Bin Sabadhai Kio Thareeai ||	Without the Word of the Shabad, how can anyone cross over the terrifying world-ocean?	ਗੁਰੂ ਦੇ ਸ਼ਬਦ (ਦੀ ਅਗਵਾਈ) ਤੋਂ ਬਿਨਾ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘ ਸਕੀਦਾ,
48156	1125	ਨਾਮ ਬਿਨਾ ਜਗੁ ਰੋਗਿ ਬਿਆਪਿਆ ਦੁਬਿਧਾ ਡੁਬਿ ਡੁਬਿ ਮਰੀਐ॥੧॥ਰਹਾਉ॥		Naam Binaa Jag Rog Biaapiaa Dhubidhhaa Ddub Ddub Mareeai ||1|| Rehaao ||	Without the Naam, the Name of the Lord, the world is entangled in the disease of duality, and is drowned, drowned, and dies. ||1||Pause||	(ਕਿਉਂਕਿ) ਪਰਮਾਤਮਾ ਦੇ ਨਾਮ ਤੋਂ ਵਾਂਜਿਆਂ ਰਹਿ ਕੇ ਜਗਤ (ਮੇਰ-ਤੇਰ ਵਿਤਕਰੇ ਦੇ) ਰੋਗ ਵਿਚ ਫਸਿਆ ਰਹਿੰਦਾ ਹੈ, ਤੇ ਮੇਰ-ਤੇਰ (ਦੇ ਡੂੰਘੇ ਪਾਣੀਆਂ) ਵਿਚ ਮੁੜ ਮੁੜ ਡੁੱਬ ਕੇ (ਗੋਤੇ ਖਾ ਕੇ ਆਖ਼ਿਰ) ਆਤਮਕ ਮੌਤ ਸਹੇੜ ਲਈਦੀ ਹੈ ॥੧॥ ਰਹਾਉ ॥

48157	1125	ਗੁਰੁ ਦੇਵਾ ਗੁਰ ਅਲਖ ਅਭੇਵਾ ਤ੍ਰਿਭਵਣ ਸੋਝੀ ਗੁਰ ਕੀ ਸੇਵਾ॥		Gur Dhaevaa Gur Alakh Abhaevaa Thribhavan Sojhee Gur Kee Saevaa ||	The Guru is Divine; the Guru is Inscrutable and Mysterious. Serving the Guru, the three worlds are known and understood.	ਗੁਰੂ (ਆਤਮਕ ਜੀਵਨ ਦੇ) ਚਾਨਣ ਦਾ ਸੋਮਾ ਹੈ, ਗੁਰੂ ਅਲੱਖ ਅਭੇਵ ਪਰਮਾਤਮਾ (ਦਾ ਰੂਪ) ਹੈ, (ਗੁਰੂ ਦੇ ਦੱਸੇ ਰਸਤੇ ਤੇ ਤੁਰਿਆਂ ਹੀ) ਗੁਰੂ ਦੀ ਦੱਸੀ ਹੋਈ ਕਾਰ ਕਮਾਇਆਂ ਹੀ ਤਿੰਨਾਂ ਭਵਣਾਂ (ਵਿਚ ਵਿਆਪਕ ਪ੍ਰਭੂ) ਦੀ ਸੂਝ ਪੈਂਦੀ ਹੈ।
48158	1125	ਆਪੇ ਦਾਤਿ ਕਰੀ ਗੁਰਿ ਦਾਤੈ ਪਾਇਆ ਅਲਖ ਅਭੇਵਾ॥੨॥	ਅ-ਲਖ	Aapae Dhaath Karee Gur Dhaathai Paaeiaa Alakh Abhaevaa ||2||	The Guru, the Giver, has Himself given me the Gift; I have obtained the Inscrutable, Mysterious Lord. ||2||	ਨਾਮ ਦੀ ਦਾਤ ਦੇਣ ਵਾਲੇ ਗੁਰੂ ਨੇ ਜਿਸ ਮਨੁੱਖ ਨੂੰ ਆਪ (ਨਾਮ ਦੀ) ਦਾਤ ਦਿੱਤੀ, ਉਸ ਨੂੰ ਅਲੱਖ ਅਭੇਵ ਪ੍ਰਭੂ ਲੱਭ ਪਿਆ ॥੨॥
48159	1125	ਮਨੁ ਰਾਜਾ ਮਨੁ ਮਨ ਤੇ ਮਾਨਿਆ ਮਨਸਾ ਮਨਹਿ ਸਮਾਈ॥		Man Raajaa Man Man Thae Maaniaa Manasaa Manehi Samaaee ||	The mind is the king; the mind is appeased and satisfied through the mind itself, and desire is stilled in the mind.	(ਗੁਰੂ ਦੀ ਮੇਹਰ ਨਾਲ) ਜੇਹੜਾ ਮਨ ਆਪਣੇ ਸਰੀਰਕ ਇੰਦ੍ਰਿਆਂ ਉਤੇ ਕਾਬੂ ਪਾਣ-ਜੋਗਾ ਹੋ ਗਿਆ; ਉਹ ਮਨ ਮਾਇਕ ਫੁਰਨਿਆਂ ਦੇ ਪਿਛੇ ਦੌੜ-ਭੱਜ ਬੰਦ ਕਰਨੀ ਮੰਨ ਗਿਆ, ਉਸ ਮਨ ਦੀ ਵਾਸਨਾ ਉਸ ਦੇ ਆਪਣੇ ਹੀ ਅੰਦਰ ਲੀਨ ਹੋ ਗਈ।

48160	1125	ਮਨੁ ਜੋਗੀ ਮਨੁ ਬਿਨਸਿ ਬਿਓਗੀ ਮਨੁ ਸਮਝੈ ਗੁਣ ਗਾਈ॥੩॥		Man Jogee Man Binas Biougee Man Samajhai Gun Gaaee ||3||	The mind is the Yogi, the mind wastes away in separation from the Lord; singing the Glorious Praises of the Lord, the mind is instructed and reformed. ||3||	(ਗੁਰੂ ਦੀ ਮੇਹਰ ਨਾਲ ਉਹ) ਮਨ ਪ੍ਰਭੂ-ਚਰਨਾਂ ਦਾ ਮਿਲਾਪੀ ਹੋ ਗਿਆ, ਉਹ ਮਨ ਆਪਾ-ਭਾਵ ਵਲੋਂ ਖ਼ਤਮ ਹੋ ਕੇ ਪ੍ਰਭੂ (-ਦੀਦਾਰ) ਦਾ ਪ੍ਰੇਮੀ ਹੋ ਗਿਆ, ਉਹ ਮਨ ਉੱਚੀ ਸੂਝ ਵਾਲਾ ਹੋ ਗਿਆ, ਤੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਨ ਲੱਗ ਪਿਆ ॥੩॥
48161	1125	ਗੁਰ ਤੇ ਮਨੁ ਮਾਰਿਆ ਸਬਦੁ ਵੀਚਾਰਿਆ ਤੇ ਵਿਰਲੇ ਸੰਸਾਰਾ॥		Gur Thae Man Maariaa Sabadh Veechaariaa Thae Viralae Sansaaraa ||	How very rare are those in this world who, through the Guru, subdue their minds, and contemplate the Word of the Shabad.	ਜਗਤ ਵਿਚ ਉਹ ਵਿਰਲੇ ਬੰਦੇ ਹਨ ਜਿਨ੍ਹਾਂ ਨੇ ਗੁਰੂ ਦੀ ਸਰਨ ਪੈ ਕੇ ਆਪਣਾ ਮਨ ਵੱਸ ਵਿਚ ਕੀਤਾ ਹੈ ਤੇ ਗੁਰੂ ਦੇ ਸ਼ਬਦ ਨੂੰ ਆਪਣੇ ਅੰਦਰ ਵਸਾਇਆ ਹੈ (ਜਿਨ੍ਹਾਂ ਇਹ ਪਦਵੀ ਪਾ ਲਈ ਹੈ),
48162	1125	ਨਾਨਕ ਸਾਹਿਬੁ ਭਰਿਪੁਰਿ ਲੀਣਾ ਸਾਚ ਸਬਦਿ ਨਿਸਤਾਰਾ॥੪॥੧॥੨॥		Naanak Saahib Bharipur Leenaa Saach Sabadh Nisathaaraa ||4||1||2||	O Nanak, our Lord and Master is All-pervading; through the True Word of the Shabad, we are emancipated. ||4||1||2||	ਹੇ ਨਾਨਕ! ਉਹਨਾਂ ਨੂੰ ਮਾਲਿਕ-ਪ੍ਰਭੂ ਸਾਰੇ ਜਗਤ ਵਿਚ (ਨਕਾ-ਨਕ) ਵਿਆਪਕ ਦਿੱਸ ਪੈਂਦਾ ਹੈ, ਗੁਰੂ ਦੇ ਸੱਚੇ ਸ਼ਬਦ ਦੀ ਬਰਕਤਿ ਨਾਲ (ਸੰਸਾਰ-ਸਮੁੰਦਰ ਦੇ ਮੇਰ-ਤੇਰ ਦੇ ਡੂੰਘੇ ਪਾਣੀਆਂ ਵਿਚੋਂ) ਉਹ ਪਾਰ ਲੰਘ ਜਾਂਦੇ ਹਨ ॥੪॥੧॥੨॥
48163	1125	ਭੈਰਉ ਮਹਲਾ ੧॥		Bhairo Mehalaa 1 ||	Bhairao, First Mehl:	

48164	1125	ਨੈਨੀ ਦ੍ਰਿਸਟਿ ਨਹੀ ਤਨੁ ਹੀਨਾ ਜਰਿ ਜੀਤਿਆ ਸਿਰਿ ਕਾਲੋ॥		Nainee Dhrisatt Nehee Than Heenaa Jar Jeethiaa Sir Kaalo ||	The eyes lose their sight, and the body withers away; old age overtakes the mortal, and death hangs over his head.	ਹੇ ਪ੍ਰਾਣੀ! ਤੇਰੀਆਂ ਅੱਖਾਂ ਵਿਚ ਵੇਖਣ ਦੀ (ਪੂਰੀ) ਤਾਕਤ ਨਹੀਂ ਰਹੀ, ਤੇਰਾ ਸਰੀਰ ਲਿੱਸਾ ਹੋ ਗਿਆ ਹੈ, ਬੁਢੇਪੇ ਨੇ ਤੈਨੂੰ ਜਿੱਤ ਲਿਆ ਹੈ (ਬੁਢੇਪੇ ਨੇ ਜ਼ੋਰ ਪਾ ਦਿੱਤਾ ਹੈ)। ਤੇਰੇ ਸਿਰ ਉਤੇ ਹੁਣ ਮੌਤ ਕੂਕ ਰਹੀ ਹੈ।
48165	1125	ਰੂਪੁ ਰੰਗੁ ਰਹਸੁ ਨਹੀ ਸਾਚਾ ਕਿਉ ਛੋਡੈ ਜਮ ਜਾਲੋ॥੧॥		Roop Rang Rehas Nehee Saachaa Kio Shhoddai Jam Jaalo ||1||	Beauty, loving attachment and the pleasures of life are not permanent. How can anyone escape from the noose of death? ||1||	ਨਾਹ ਤੇਰਾ ਰੱਬੀ ਰੂਪ ਬਣਿਆ, ਨਾਹ ਤੈਨੂੰ ਰੱਬੀ ਰੰਗ ਚੜ੍ਹਿਆ, ਨਾਹ ਤੇਰੇ ਅੰਦਰ ਰੱਬੀ ਖੇੜਾ ਆਇਆ, (ਦੱਸ) ਜਮ ਦਾ ਜਾਲ ਤੈਨੂੰ ਕਿਵੇਂ ਛੱਡੇਗਾ? ॥੧॥
48166	1125	ਪ੍ਰਾਣੀ ਹਰਿ ਜਪਿ ਜਨਮੁ ਗਇਓ॥		Praanee Har Jap Janam Gaeiou ||	O mortal, meditate on the Lord - your life is passing away!	ਹੇ ਪ੍ਰਾਣੀ! ਪਰਮਾਤਮਾ ਦਾ ਸਿਮਰਨ ਕਰ। ਜ਼ਿੰਦਗੀ ਬੀਤਦੀ ਜਾ ਰਹੀ ਹੈ।
48167	1126	ਸਾਚ ਸਬਦ ਬਿਨੁ ਕਬਹੁ ਨ ਛੂਟਸਿ ਬਿਰਥਾ ਜਨਮੁ ਭਇਓ॥੧॥ਰਹਾਉ॥		Saach Sabadh Bin Kabahu N Shhoottas Birathhaa Janam Bhaeiou ||1|| Rehaao ||	Without the True Word of the Shabad, you shall never be released, and your life shall be totally useless. ||1||Pause||	ਪਰਮਾਤਮਾ ਦੀ ਸਿਫ਼ਤ-ਸਾਲਾਹ ਤੋਂ ਵਾਂਜਿਆ ਰਹਿ ਕੇ (ਮਾਇਆ ਦੇ ਮੋਹ ਤੋਂ, ਜਮ ਦੇ ਜਾਲ ਤੋਂ) ਤੂੰ ਕਦੇ ਭੀ ਬਚਿਆ ਨਹੀਂ ਰਹਿ ਸਕੇਂਗਾ। ਤੇਰੀ ਜ਼ਿੰਦਗੀ ਵਿਅਰਥ ਹੀ ਚਲੀ ਜਾਇਗੀ ॥੧॥ ਰਹਾਉ ॥

48168	1126	ਤਨ ਮਹਿ ਕਾਮੁ ਕ੍ਰੋਧੁ ਹਉ ਮਮਤਾ ਕਠਿਨ ਪੀਰ ਅਤਿ ਭਾਰੀ॥		Than Mehi Kaam Krodhh Ho Mamathaa Kathin Peer Ath Bhaaree ||	Within the body are sexual desire, anger, egotism and attachment. This pain is so great, and so difficult to endure.	ਹੇ ਪ੍ਰਾਣੀ! ਤੇਰੇ ਸਰੀਰ ਵਿਚ ਕਾਮ (ਜ਼ੋਰ ਪਾ ਰਿਹਾ) ਹੈ, ਕ੍ਰੋਧ (ਪ੍ਰਬਲ) ਹੈ, ਹਉਮੈ ਹੈ, ਮਲਕੀਅਤਾਂ ਦੀ ਤਾਂਘ ਹੈ, ਇਹਨਾਂ ਸਭਨਾਂ ਦੀ ਵੱਡੀ ਔਖੀ ਪੀੜ ਉਠ ਰਹੀ ਹੈ (ਇਹਨਾਂ ਵਿਕਾਰਾਂ ਵਿਚ ਡੁੱਬਣੋਂ ਤੇਰਾ ਬਚਾ ਕਿਵੇਂ ਹੋਵੇ?)।
48169	1126	ਗੁਰਮੁਖਿ ਰਾਮ ਜਪਹੁ ਰਸੁ ਰਸਨਾ ਇਨ ਬਿਧਿ ਤਰੁ ਤੂ ਤਾਰੀ॥੨॥		Guramukh Raam Japahu Ras Rasanaa Ein Bidhh Thar Thoo Thaaree ||2||	As Gurmukh, chant the Lord's Name, and savor it with your tongue; in this way, you shall cross over to the other side. ||2||	ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਭਜਨ ਕਰ, ਜੀਭ ਨਾਲ (ਸਿਮਰਨ ਦਾ) ਸੁਆਦ ਲੈ। ਇਹਨਾਂ ਤਰੀਕਿਆਂ ਨਾਲ (ਇਹਨਾਂ ਵਿਕਾਰਾਂ ਦੇ ਡੂੰਘੇ ਪਾਣੀਆਂ ਵਿਚੋਂ ਸਿਮਰਨ ਦੀ) ਤਾਰੀ ਲਾ ਕੇ ਪਾਰ ਲੰਘ ॥੨॥
48170	1126	ਬਹਰੇ ਕਰਨ ਅਕਲਿ ਭਈ ਹੋਛੀ ਸਬਦ ਸਹਜੁ ਨਹੀ ਬੂਝਿਆ॥		Beharae Karan Akal Bhee Hoshhee Sabadh Sehaj Nehee Boojhiaa ||	Your ears are deaf, and your intellect is worthless, and still, you do not intuitively understand the Word of the Shabad.	ਹੇ ਪ੍ਰਾਣੀ! (ਸਿਫ਼ਤ-ਸਾਲਾਹ ਵਲੋਂ) ਤੇਰੇ ਕੰਨ ਬੋਲੇ (ਹੀ ਰਹੇ), ਤੇਰੀ ਮੱਤ ਥੋੜ੍ਹ-ਵਿਤੀ ਹੋ ਗਈ ਹੈ (ਰਤਾ ਰਤਾ ਗੱਲ ਤੇ ਛਿੱਥਾ ਪੈਣ ਦਾ ਤੇਰਾ ਸੁਭਾਉ ਬਣ ਗਿਆ ਹੈ), ਸਿਫ਼ਤ-ਸਾਲਾਹ ਦਾ ਸ਼ਾਂਤ-ਰਸ ਤੂੰ ਸਮਝ ਨਹੀਂ ਸਕਿਆ।

48171	1126	ਜਨਮੁ ਪਦਾਰਥੁ ਮਨਮੁਖਿ ਹਾਰਿਆ ਬਿਨੁ ਗੁਰ ਅੰਧੁ ਨ ਸੂਝਿਆ ॥੩॥		Janam Padhaarathh Manamukh Haariaa Bin Gur Andhh N Soojhiaa ||3||	The self-willed manmukh wastes this priceless human life and loses it. Without the Guru, the blind person cannot see. ||3||	ਆਪਣੇ ਮਨ ਦੇ ਪਿੱਛੇ ਲੱਗ ਕੇ ਤੂੰ ਕੀਮਤੀ ਮਨੁੱਖਾ ਜਨਮ ਗਵਾ ਲਿਆ ਹੈ। ਗੁਰੂ ਦੀ ਸਰਨ ਨਾਹ ਆਉਣ ਕਰ ਕੇ ਤੂੰ (ਆਤਮਕ ਜੀਵਨ ਵਲੋਂ) ਅੰਨ੍ਹਾ ਹੀ ਰਿਹਾ, ਤੈਨੂੰ (ਆਤਮਕ ਜੀਵਨ ਦੀ) ਸਮਝ ਨਾਹ ਆਈ ॥੩॥
48172	1126	ਰਹੈ ਉਦਾਸੁ ਆਸ ਨਿਰਾਸਾ ਸਹਜ ਧਿਆਨਿ ਬੈਰਾਗੀ॥		Rehai Oudhaas Aas Niraasaa Sehaj Dhhiaan Bairaagee ||	Whoever remains detached and free of desire in the midst of desire - and whoever, unattached, intuitively meditates on the Celestial Lord	ਉਹ ਮਨੁੱਖ (ਦੁਨੀਆ ਵਿਚ ਵਰਤਦਾ ਹੋਇਆ ਭੀ ਦੁਨੀਆ ਵਲੋਂ) ਉਪਰਾਮ ਰਹਿੰਦਾ ਹੈ, ਆਸਾਂ ਤੋਂ ਨਿਰਲੇਪ ਰਹਿੰਦਾ ਹੈ, ਅਡੋਲਤਾ ਦੀ ਸਮਾਧੀ ਵਿਚ ਟਿਕਿਆ ਰਹਿ ਕੇ ਉਹ (ਦੁਨੀਆ ਤੋਂ) ਨਿਰਮੋਹ ਰਹਿੰਦਾ ਹੈ,
48173	1126	ਪ੍ਰਣਵਤਿ ਨਾਨਕ ਗੁਰਮੁਖਿ ਛੂਟਸਿ ਰਾਮ ਨਾਮਿ ਲਿਵ ਲਾਗੀ॥੪॥੨॥੩॥		Pranavath Naanak Guramukh Shhoottas Raam Naam Liv Laagee ||4||2||3||	- prays Nanak, as Gurmukh, he is released. He is lovingly attuned to the Naam, the Name of the Lord. ||4||||2||3||	ਜੋ ਮਨੁੱਖ ਗੁਰੂ ਦੇ ਦੱਸੇ ਰਾਹ ਉਤੇ ਤੁਰਦਾ ਹੈ। (ਹੇ ਪ੍ਰਾਣੀ!) ਨਾਨਕ ਬੇਨਤੀ ਕਰਦਾ ਹੈ (ਤੇ ਤੈਨੂੰ ਸਮਝਾਂਦਾ ਹੈ ਕਿ) ਉਹ ਮਨੁੱਖ (ਵਿਕਾਰਾਂ ਦੀ ਫਾਹੀ ਤੋਂ) ਖ਼ਲਾਸੀ ਪਾ ਲੈਂਦਾ ਹੈ, ਪ੍ਰਭੂ ਦੇ ਨਾਮ ਵਿਚ ਉਸ ਦੀ ਸੁਰਤ ਟਿਕੀ ਰਹਿੰਦੀ ਹੈ ॥੪॥੨॥੩॥
48174	1126	ਭੈਰਉ ਮਹਲਾ ੧॥		Bhairo Mehalaa 1 ||	Bhairao, First Mehl:	

48175	1126	ਭੂੰਡੀ ਚਾਲ ਚਰਣ ਕਰ ਖਿਸਰੇ ਤੁਚਾ ਦੇਹ ਕੁਮਲਾਨੀ॥	(ਭੂੰਡੀ) ਭੈੜੀ। (ਕਰ) ਹੱਥ। (ਚਰਣ) ਪੈਰ। ਨਿਰਬਲਤਾ ਨਾਲ (ਖਿਸਰੇ) ਖਿਸਕਣ ਲੱਗ ਪਏ। (ਤੁਚਾ) ਚਮੜੀ	Bhoonddee Chaal Charan Kar Khisarae Thuchaa Dhaeh Kumalaanee ||	His walk becomes weak and clumsy, his feet and hands shake, and the skin of his body is withered and wrinkled.	(ਹੇ ਅੰਨ੍ਹੇ ਜੀਵ! ਹੁਣ ਬੁਢੇਪੇ ਵਿਚ) ਤੇਰੀ ਤੋਰ ਬੇ-ਢਬੀ ਹੋ ਚੁਕੀ ਹੈ, ਤੇਰੇ ਪੈਰ ਹੱਥ ਢਿਲਕ ਪਏ ਹਨ, ਤੇਰੇ ਸਰੀਰ ਦੀ ਚਮੜੀ ਉਤੇ ਝੁਰੜੀਆਂ ਪੈ ਰਹੀਆਂ ਹਨ,
48176	1126	ਨੇਤ੍ਰੀ ਧੁੰਧਿ ਕਰਨ ਭਏ ਬਹਰੇ ਮਨਮੁਖਿ ਨਾਮੁ ਨ ਜਾਨੀ॥੧॥		Naethree Dhhundhh Karan Bheae Beharae Manamukh Naam N Jaanee ||1||	His eyes are dim, his ears are deaf, and yet, the self-willed manmukh does not know the Naam. ||1||	ਤੇਰੀਆਂ ਅੱਖਾਂ ਅੱਗੇ ਹਨੇਰਾ ਹੋਣ ਲੱਗ ਪਿਆ ਹੈ, ਤੇਰੇ ਕੰਨ ਬੋਲੇ ਹੋ ਚੁਕੇ ਹਨ, ਪਰ ਅਜੇ ਭੀ ਆਪਣੇ ਮਨ ਦੇ ਪਿੱਛੇ ਤੁਰ ਕੇ ਤੂੰ ਪਰਮਾਤਮਾ ਦੇ ਨਾਮ ਨਾਲ ਸਾਂਝ ਨਹੀਂ ਪਾਈ ॥੧॥
48177	1126	ਅੰਧੁਲੇ ਕਿਆ ਪਾਇਆ ਜਗਿ ਆਇ॥		Andhhulae Kiaa Paaeiaa Jag Aae ||	O blind man, what have you obtained by coming into the world?	ਹੇ (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਜੀਵ! ਤੂੰ ਜਗਤ ਵਿਚ ਜਨਮ ਲੈ ਕੇ (ਆਤਮਕ ਜੀਵਨ ਦੇ ਅਸਲੀ ਲਾਭ ਵਜੋਂ) ਕੁਝ ਭੀ ਨਾਹ ਖੱਟਿਆ,
48178	1126	ਰਾਮੁ ਰਿਦੈ ਨਹੀ ਗੁਰ ਕੀ ਸੇਵਾ ਚਾਲੇ ਮੂਲੁ ਗਵਾਇ॥੧॥ਰਹਾਉ॥		Raam Ridhai Nehee Gur Kee Saevaa Chaalae Mool Gavaae ||1|| Rehaao ||	The Lord is not in your heart, and you do not serve the Guru. After wasting your capital, you shall have to depart. ||1||Pause||	ਸਗੋਂ ਤੂੰ ਮੂਲ ਭੀ ਗਵਾ ਲਿਆ (ਜੇਹੜਾ ਪਹਿਲਾਂ ਕੋਈ ਆਤਮਕ ਜੀਵਨ ਸੀ ਉਹ ਭੀ ਨਾਸ ਕਰ ਲਿਆ, ਕਿਉਂਕਿ) ਤੂੰ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਨਹੀਂ ਵਸਾਇਆ, ਤੇ ਤੂੰ ਗੁਰੂ ਦੀ ਦੱਸੀ ਕਾਰ ਨਹੀਂ ਕੀਤੀ ॥੧॥ ਰਹਾਉ ॥

48179	1126	ਜਿਹਵਾ ਰੰਗਿ ਨਹੀ ਹਰਿ ਰਾਤੀ ਜਬ ਬੋਲੈ ਤਬ ਫੀਕੇ॥		Jihavaa Rang Nehee Har Raathee Jab Bolai Thab Feekae ||	Your tongue is not imbued with the Love of the Lord; whatever you say is tasteless and insipid.	(ਹੇ ਅੰਨ੍ਹੇ ਜੀਵ!) ਤੇਰੀ ਜੀਭ ਪ੍ਰਭੂ ਦੀ ਯਾਦ ਦੇ ਪਿਆਰ ਵਿਚ ਨਹੀਂ ਭਿੱਜੀ, ਜਦੋਂ ਭੀ ਬੋਲਦੀ ਹੈ ਫਿੱਕੇ ਬੋਲ ਹੀ ਬੋਲਦੀ ਹੈ।
48180	1126	ਸੰਤ ਜਨਾ ਕੀ ਨਿੰਦਾ ਵਿਆਪਸਿ ਪਸੂ ਭਏ ਕਦੇ ਹੋਹਿ ਨ ਨੀਕੇ॥੨॥		Santh Janaa Kee Nindhaa Viaapas Pasoo Bheae Kadhae Hohi N Neekae ||2||	You indulge in slander of the Saints; becoming a beast, you shall never be noble. ||2||	ਤੂੰ ਸਦਾ ਭਲੇ ਬੰਦਿਆਂ ਦੀ ਨਿੰਦਿਆ ਵਿਚ ਰੁੱਝਾ ਰਹਿੰਦਾ ਹੈਂ, ਤੇਰੇ ਸਾਰੇ ਕੰਮ ਪਸ਼ੂਆਂ ਵਾਲੇ ਹੋਏ ਪਏ ਹਨ, (ਇਸੇ ਤਰ੍ਹਾਂ ਰਿਹਾਂ) ਇਹ ਕਦੇ ਭੀ ਚੰਗੇ ਨਹੀਂ ਹੋ ਸਕਣਗੇ ॥੨॥
48181	1126	ਅੰਮ੍ਰਿਤ ਕਾ ਰਸੁ ਵਿਰਲੀ ਪਾਇਆ ਸਤਿਗੁਰ ਮੇਲਿ ਮਿਲਾਏ॥		Anmrith Kaa Ras Viralee Paaeiaa Sathigur Mael Milaaeae ||	Only a few obtain the sublime essence of the Ambrosial Amrit, united in Union with the True Guru.	(ਪਰ ਜੀਵਾਂ ਦੇ ਭੀ ਕੀਹ ਵੱਸ?) ਆਤਮਕ ਜੀਵਨ ਦੇਣ ਵਾਲੇ ਸ੍ਰੇਸ਼ਟ ਨਾਮ ਦੇ ਜਾਪ ਦਾ ਸੁਆਦ ਉਹਨਾਂ ਵਿਰਲਿਆਂ ਬੰਦਿਆਂ ਨੂੰ ਆਉਂਦਾ ਹੈ ਜਿਨ੍ਹਾਂ ਨੂੰ (ਪਰਮਾਤਮਾ ਆਪ) ਸਤਿਗੁਰੂ ਦੀ ਸੰਗਤ ਵਿਚ ਮਿਲਾਂਦਾ ਹੈ।
48182	1126	ਜਬ ਲਗੁ ਸਬਦ ਭੇਦੁ ਨਹੀ ਆਇਆ ਤਬ ਲਗੁ ਕਾਲੁ ਸੰਤਾਏ॥੩॥		Jab Lag Sabadh Bhaedh Nehee Aaeiaa Thab Lag Kaal Santhaaeae ||3||	As long as the mortal does not come to understand the mystery of the Shabad, the Word of God, he shall continue to be tormented by death. ||3||	ਮਨੁੱਖ ਨੂੰ ਜਦੋਂ ਤਕ ਸਿਫ਼ਤ-ਸਾਲਾਹ ਦਾ ਰਸ ਨਹੀਂ ਆਉਂਦਾ ਤਦੋਂ ਤਕ (ਇਹ ਅਜੇਹੇ ਕੰਮ ਕਰਦਾ ਰਹਿੰਦਾ ਹੈ ਜਿਨ੍ਹਾਂ ਕਰ ਕੇ) ਇਸ ਨੂੰ ਮੌਤ ਦਾ ਡਰ ਦੁਖੀ ਕਰਦਾ ਰਹਿੰਦਾ ਹੈ ॥੩॥

48183	1126	ਅਨ ਕੋ ਦਰੁ ਘਰੁ ਕਬਹੂ ਨ ਜਾਨਸਿ ਏਕੋ ਦਰੁ ਸਚਿਆਰਾ॥	(ਅਨ) ਹੋਰ ਸਾਕਤ ਦਾ	An Ko Dhar Ghar Kabehoo N Jaanas Eaeko Dhar Sachiaaraa ||	Whoever finds the door of the One True Lord, does not know any other house or door.	ਗੁਰੂ ਦੀ ਕਿਰਪਾ ਨਾਲ ਜੋ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਦਰ ਹੀ ਮੱਲੀ ਰੱਖਦਾ ਹੈ ਤੇ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਦਾ ਦਰਵਾਜ਼ਾ ਕਿਸੇ ਹੋਰ ਦਾ ਘਰ ਨਹੀਂ ਭਾਲਦਾ,
48184	1126	ਗੁਰ ਪਰਸਾਦਿ ਪਰਮਪਦੁ ਪਾਇਆ ਨਾਨਕੁ ਕਹੈ ਵਿਚਾਰਾ॥੪॥੩॥੪॥		Gur Parasaadh Param Padh Paaeiaa Naanak Kehai Vichaaraa ||4||3||4||	By Guru's Grace, I have obtained the supreme status; so says poor Nanak. ||4||3||4||	ਨਾਨਕ ਇਹ ਵਿਚਾਰ ਦੀ ਗੱਲ ਆਖਦਾ ਹੈ ਕਿ ਉਹ ਮਨੁੱਖ ਸਭ ਤੋਂ ਉੱਚਾ ਆਤਮਕ ਦਰਜਾ ਪ੍ਰਾਪਤ ਕਰ ਲੈਂਦਾ ਹੈ ॥੪॥੩॥੪॥
48185	1126	ਭੈਰਉ ਮਹਲਾ ੧॥		Bhairo Mehalaa 1 ||	Bhairao, First Mehl:	
48186	1126	ਸਗਲੀ ਰੈਣਿ ਸੋਵਤ ਗਲਿ ਫਾਹੀ ਦਿਨਸੁ ਜੰਜਾਲਿ ਗਵਾਇਆ॥		Sagalee Rain Sovath Gal Faahee Dhinas Janjaal Gavaaeiaa ||	He spends the entire night in sleep; the noose is tied around his neck. His day is wasted in worldly entanglements.	ਸਾਰੀ ਰਾਤ ਕਾਮਾਦਿਕ ਵਿਕਾਰਾਂ ਦੀ ਨੀਂਦ ਵਿਚ ਰਹਿੰਦਾ ਹੈਂ, (ਇਹਨਾਂ ਵਿਕਾਰਾਂ ਦੇ ਸੰਸਕਾਰਾਂ ਦੀ) ਫਾਹੀ ਤੇਰੇ ਗਲ ਵਿਚ ਪੈਂਦੀ ਜਾਂਦੀ ਹੈ। ਸਾਰਾ ਦਿਨ ਮਾਇਆ ਕਮਾਣ ਦੇ ਧੰਧੇ ਵਿਚ ਗੁਜ਼ਾਰ ਦੇਂਦਾ ਹੈਂ।

48187	1126	ਖਿਨੁ ਪਲੁ ਘੜੀ ਨਹੀ ਪ੍ਰਭੁ ਜਾਨਿਆ ਜਿਨਿ ਇਹੁ ਜਗਤੁ ਉਪਾਇਆ॥੧॥	ਜੱਗਤੁ	Khin Pal Gharree Nehee Prabh Jaaniaa Jin Eihu Jagath Oupaaeiaa ||1||	He does not know God, who created this world, for a moment, for even an instant. ||1||	ਇਕ ਖਿਨ ਇਕ ਪਲ ਇਕ ਘੜੀ ਤੂੰ ਉਸ ਪਰਮਾਤਮਾ ਨਾਲ ਸਾਂਝ ਨਹੀਂ ਪਾਂਦਾ ਜਿਸ ਨੇ ਇਹ ਸਾਰਾ ਸੰਸਾਰ ਪੈਦਾ ਕੀਤਾ ਹੈ ॥੧॥
48188	1126	ਮਨ ਰੇ ਕਿਉ ਛੂਟਸਿ ਦੁਖੁ ਭਾਰੀ॥		Man Rae Kio Shhoottas Dhukh Bhaaree ||	O mortal, how will you escape this terrible disaster?	ਹੇ ਮਨ! ਤੂੰ ਮਾਇਆ ਦੇ ਮੋਹ ਦਾ ਭਾਰੀ ਦੁੱਖ ਸਹਾਰ ਰਿਹਾ ਹੈਂ (ਜੇ ਤੂੰ ਪ੍ਰਭੂ-ਸਿਮਰਨ ਨਹੀਂ ਕਰਦਾ ਤਾਂ ਇਸ ਦੁੱਖ ਤੋਂ) ਕਿਵੇਂ ਖ਼ਲਾਸੀ ਪਾਏਂਗਾ?
48189	1126	ਕਿਆ ਲੇ ਆਵਸਿ ਕਿਆ ਲੇ ਜਾਵਸਿ ਰਾਮ ਜਪਹੁ ਗੁਣਕਾਰੀ॥੧॥ਰਹਾਉ ॥		Kiaa Lae Aavas Kiaa Lae Jaavas Raam Japahu Gunakaaree ||1|| Rehaao ||	What did you bring with you, and what will you take away? Meditate on the Lord, the Most Worthy and Generous Lord. ||1||Pause||	(ਦਿਨ ਰਾਤ ਮਾਇਆ ਦੀ ਖ਼ਾਤਰ ਭਟਕ ਰਿਹਾ ਹੈਂ, ਦੱਸ, ਜਦੋਂ ਜੰਮਿਆ ਸੀ) ਕੇਹੜੀ ਮਾਇਆ ਆਪਣੇ ਨਾਲ ਲੈ ਕੇ ਆਇਆ ਸੀ? ਇਥੋਂ ਤੁਰਨ ਲੱਗਾ ਭੀ ਕੋਈ ਚੀਜ਼ ਨਾਲ ਨਹੀਂ ਲੈ ਕੇ ਜਾ ਸਕੇਂਗਾ। ਪਰਮਾਤਮਾ ਦਾ ਨਾਮ ਜਪ, ਇਹੀ ਹੈ ਆਤਮਕ ਜੀਵਨ ਦੇ ਗੁਣ ਪੈਦਾ ਕਰਨ ਵਾਲਾ ॥੧॥ ਰਹਾਉ ॥

48190	1126	ਊਂਧਉ ਕਵਲੁ ਮਨਮੁਖ ਮਤਿ ਹੋਛੀ ਮਨਿ ਅੰਧੈ ਸਿਰਿ ਧੰਧਾ॥		Oonadhho Kaval Manamukh Math Hoshhee Man Andhhai Sir Dhhandhhaa ||	The heart-lotus of the self-willed manmukh is upside-down; his intellect is shallow; his mind is blind, and his head is entangled in worldly affairs.	ਆਪਣੇ ਮਨ ਦੇ ਪਿੱਛੇ ਤੁਰਨ ਦੇ ਕਾਰਨ ਤੇਰਾ ਹਿਰਦਾ-ਕਵਲ ਪ੍ਰਭੂ ਦੀ ਯਾਦ ਵਲੋਂ ਉਲਟਿਆ ਪਿਆ ਹੈ, ਤੇਰੀ ਸਮਝ ਥੋੜ੍ਹ-ਵਿਤੀ ਹੋਈ ਪਈ ਹੈ, (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਮਨ (ਦੀ ਅਗਵਾਈ) ਦੇ ਕਾਰਨ ਤੇਰੇ ਸਿਰ ਉਤੇ ਮਾਇਆ ਦੇ ਜੰਜਾਲਾਂ ਦੀ ਪੰਡ ਬੱਝੀ ਪਈ ਹੈ।
48191	1126	ਕਾਲੁ ਬਿਕਾਲੁ ਸਦਾ ਸਿਰਿ ਤੇਰੈ ਬਿਨੁ ਨਾਵੈ ਗਲਿ ਫੰਧਾ॥੨॥		Kaal Bikaal Sadhaa Sir Thaerai Bin Naavai Gal Fandhhaa ||2||	Death and re-birth constantly hang over your head; without the Name, your neck shall be caught in the noose. ||2||	ਜਨਮ ਮਰਨ (ਦਾ ਗੇੜ) ਸਦਾ ਤੇਰੇ ਸਿਰ ਉਤੇ ਟਿਕਿਆ ਪਿਆ ਹੈ। ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ ਤੇਰੇ ਗਲ ਵਿਚ ਮੋਹ ਦੀ ਫਾਹੀ ਪਈ ਹੋਈ ਹੈ ॥੨॥
48192	1126	ਡਗਰੀ ਚਾਲ ਨੇਤ੍ਰ ਫੁਨਿ ਅਧੁਲੇ ਸਬਦ ਸੁਰਤਿ ਨਹੀ ਭਾਈ॥	ਡਗਰੀ:ਪੋਲਾ ਬੋਲੋ। (ਡਗਰੀ) ਡਾਵਾਂ ਡੋਲ	Ddagaree Chaal Naethr Fun Andhhulae Sabadh Surath Nehee Bhaaee ||	Your steps are unsteady, and your eyes are blind; you are not aware of the Word of the Shabad, O Sibling of Destiny.	ਹੈਂਕੜ-ਭਰੀ ਤੇਰੀ ਚਾਲ ਹੈ, ਤੇਰੀਆਂ ਅੱਖਾਂ ਭੀ (ਵਿਕਾਰਾਂ ਵਿਚ) ਅੰਨ੍ਹੀਆਂ ਹੋਈਆਂ ਪਈਆਂ ਹਨ, ਪਰਮਾਤਮਾ ਦੀ ਸਿਫ਼ਤ-ਸਾਲਾਹ ਵਲ ਧਿਆਨ ਦੇਣਾ ਤੈਨੂੰ ਚੰਗਾ ਨਹੀਂ ਲੱਗਦਾ।

48193	1126	ਸਾਸਤ੍ਰ ਬੇਦ ਤ੍ਰੈ ਗੁਣ ਹੈ ਮਾਇਆ ਅੰਧੁਲਉ ਧੰਧੁ ਕਮਾਈ॥੩॥		Saasathr Baedh Thrai Gun Hai Maaeiaa Andhhulo Dhhandhh Kamaaee ||3||	The Shaastras and the Vedas keep the mortal bound to the three modes of Maya, and so he performs his deeds blindly. ||3||	ਵੇਦ ਸ਼ਾਸਤ੍ਰ ਪੜ੍ਹਦਾ ਭੀ ਤ੍ਰੈਗੁਣੀ ਮਾਇਆ ਦੇ ਮੋਹ ਵਿਚ ਫਸਿਆ ਪਿਆ ਹੈਂ। ਤੂੰ (ਮੋਹ ਵਿਚ) ਅੰਨ੍ਹਾ ਹੋਇਆ ਪਿਆ ਹੈਂ, ਤੇ ਮਾਇਆ ਦੀ ਖ਼ਾਤਰ ਹੀ ਦੌੜ-ਭੱਜ ਕਰਦਾ ਹੈਂ ॥੩॥
48194	1126	ਖੋਇਓ ਮੂਲੁ ਲਾਭੁ ਕਹ ਪਾਵਸਿ ਦੁਰਮਤਿ ਗਿਆਨ ਵਿਹੂਣੇ॥		Khoeiou Mool Laabh Keh Paavas Dhuramath Giaan Vihoonae ||	He loses his capital - how can he earn any profit? The evil-minded person has no spiritual wisdom at all.	ਹੇ ਗਿਆਨ-ਹੀਣ ਜੀਵ! ਭੈੜੀ ਮੱਤੇ ਲੱਗ ਕੇ ਤੂੰ ਉਹ ਅਤਮਕ ਜੀਵਨ ਭੀ ਗਵਾ ਬੈਠਾ ਹੈਂ ਜੋ ਪਹਿਲਾਂ ਤੇਰੇ ਪੱਲੇ ਸੀ (ਇਥੇ ਜਨਮ ਲੈ ਕੇ ਹੋਰ) ਆਤਮਕ ਲਾਭ ਤੂੰ ਕਿਥੋਂ ਖੱਟਣਾ ਸੀ?
48195	1126	ਸਬਦੁ ਬੀਚਾਰਿ ਰਾਮ ਰਸੁ ਚਾਖਿਆ ਨਾਨਕ ਸਾਚਿ ਪਤੀਣੇ ॥੪॥੪॥੫॥		Sabadh Beechaar Raam Ras Chaakhiaa Naanak Saach Patheenae ||4||4||5||	Contemplating the Shabad, he drinks in the sublime essence of the Lord; O Nanak, his faith is confirmed in the Truth. ||4||4||5||	ਹੇ ਨਾਨਕ! ਜਿਨ੍ਹਾਂ ਬੰਦਿਆਂ ਨੇ ਸਿਫ਼ਤ-ਸਾਲਾਹ ਦੀ ਬਾਣੀ ਨੂੰ ਮਨ ਵਿਚ ਵਸਾ ਕੇ ਪ੍ਰਭੂ-ਨਾਮ (ਦੇ ਸਿਮਰਨ) ਦਾ ਸੁਆਦ ਚੱਖਿਆ, ਉਹ ਉਸ ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਮਸਤ ਰਹਿੰਦੇ ਹਨ ॥੪॥੪॥੫॥
48196	1126	ਭੈਰਉ ਮਹਲਾ ੧॥		Bhairo Mehalaa 1 ||	Bhairao, First Mehl:	

48197	1126	ਗੁਰ ਕੈ ਸੰਗਿ ਰਹੈ ਦਿਨ ਰਾਤੀ ਰਾਮੁ ਰਸਨਿ ਰੰਗਿ ਰਾਤਾ॥		Gur Kai Sang Rehai Dhin Raathee Raam Rasan Rang Raathaa ||	He remains with the Guru day and night and his tongue savors the savory taste of the Lord's Love.	ਅਜੇਹਾ ਦਾਸ ਦਿਨ ਰਾਤ ਗੁਰੂ ਦੀ ਸੰਗਤ ਵਿਚ ਰਹਿੰਦਾ ਹੈ (ਭਾਵ, ਗੁਰੂ ਨੂੰ ਆਪਣੇ ਮਨ ਵਿਚ ਵਸਾਈ ਰੱਖਦਾ ਹੈ), ਪਰਮਾਤਮਾ (ਦੇ ਨਾਮ) ਨੂੰ ਆਪਣੀ ਜੀਭ ਉਤੇ ਰੱਖਦਾ ਹੈ, ਤੇ ਪ੍ਰਭੂ ਦੇ ਪ੍ਰੇਮ ਵਿਚ ਰੰਗਿਆ ਰਹਿੰਦਾ ਹੈ।
48198	1126	ਅਵਰੁ ਨ ਜਾਣਸਿ ਸਬਦੁ ਪਛਾਣਸਿ ਅੰਤਰਿ ਜਾਣਿ ਪਛਾਤਾ॥੧॥		Avar N Jaanas Sabadh Pashhaanas Anthar Jaan Pashhaathaa ||1||	He does not know any other; he realizes the Word of the Shabad. He knows and realizes the Lord deep within his own being. ||1||	ਉਹ ਦਾਸ ਸਦਾ ਸਿਫ਼ਤ-ਸਾਲਾਹ ਨਾਲ ਸਾਂਝ ਪਾਂਦਾ ਹੈ (ਨਿੰਦਿਆ ਆਦਿਕ ਕਿਸੇ) ਹੋਰ (ਬੋਲ) ਨੂੰ ਨਹੀਂ ਜਾਣਦਾ, ਪ੍ਰਭੂ ਨੂੰ ਆਪਣੇ ਅੰਦਰ ਵੱਸਦਾ ਜਾਣ ਕੇ ਉਸ ਨਾਲ ਸਾਂਝ ਪਾਈ ਰੱਖਦਾ ਹੈ ॥੧॥
48199	1126	ਸੋ ਜਨੁ ਐਸਾ ਮੈ ਮਨਿ ਭਾਵੈ॥		So Jan Aisaa Mai Man Bhaavai ||	Such a humble person is pleasing to my mind.	ਮੇਰੇ ਮਨ ਵਿਚ ਤਾਂ (ਪਰਮਾਤਮਾ ਦਾ) ਅਜੇਹਾ ਦਾਸ ਪਿਆਰਾ ਲੱਗਦਾ ਹੈ,
48200	1126	ਆਪੁ ਮਾਰਿ ਅਪਰੰਪਰਿ ਰਾਤਾ ਗੁਰ ਕੀ ਕਾਰ ਕਮਾਵੈ॥੧॥ਰਹਾਉ॥		Aap Maar Aparanpar Raathaa Gur Kee Kaar Kamaavai ||1|| Rehaao ||	He conquers his self-conceit, and is imbued with the Infinite Lord. He serves the Guru. ||1||Pause||	ਜੋ ਆਪਾ-ਭਾਵ (ਸੁਆਰਥ) ਮੁਕਾ ਕੇ ਬੇਅੰਤ ਪ੍ਰਭੂ (ਦੇ ਪਿਆਰ) ਵਿਚ ਮਸਤ ਰਹਿੰਦਾ ਹੈ ਤੇ ਸਤਿਗੁਰੂ ਦੀ ਦੱਸੀ ਕਾਰ ਕਰਦਾ ਹੈ (ਉਹਨਾਂ ਪੂਰਨਿਆਂ ਤੇ ਤੁਰਦਾ ਹੈ ਜੋ ਗੁਰੂ ਨੇ ਪਾ ਦਿੱਤੇ ਹਨ) ॥੧॥ ਰਹਾਉ ॥

48201	1126	ਅੰਤਰਿ ਬਾਹਰਿ ਪੁਰਖੁ ਨਿਰੰਜਨੁ ਆਦਿ ਪੁਰਖ ਆਦੇਸੋ॥		Anthar Baahar Purakh Niranjan Aadh Purakh Aadhaeso ||	Deep within my being, and outside as well, is the Immaculate Lord God. I bow humbly before that Primal Lord God.	(ਮੈਨੂੰ ਉਹ ਦਾਸ ਪਿਆਰਾ ਲੱਗਦਾ ਹੈ ਜੋ) ਉਸ ਅਕਾਲ ਪੁਰਖ ਨੂੰ (ਸਦਾ) ਨਮਸਕਾਰ ਕਰਦਾ ਹੈ ਜੋ ਸਾਰੇ ਸੰਸਾਰ ਦਾ ਮੁੱਢ ਹੈ।
48202	1126	ਘਟ ਘਟ ਅੰਤਰਿ ਸਰਬ ਨਿਰੰਤਰਿ ਰਵਿ ਰਹਿਆ ਸਚੁ ਵੇਸੋ॥੨॥		Ghatt Ghatt Anthar Sarab Niranthar Rav Rehiaa Sach Vaeso ||2||	Deep within each and every heart, and amidst all, the Embodiment of Truth is permeating and pervading. ||2||	(ਉਸ ਦਾਸ ਨੂੰ ਪਰਮਾਤਮਾ) ਅੰਦਰ ਬਾਹਰ ਹਰ ਥਾਂ ਵਿਆਪਕ ਦਿੱਸਦਾ ਹੈ, ਉਸ ਪ੍ਰਭੂ ਉਤੇ ਮਾਇਆ ਦਾ ਪ੍ਰਭਾਵ ਨਹੀਂ ਪੈ ਸਕਦਾ। (ਉਸ ਸੇਵਕ ਨੂੰ) ਉਹ ਸਦਾ-ਥਿਰ-ਸਰੂਪ ਪ੍ਰਭੂ ਹਰੇਕ ਸਰੀਰ ਵਿਚ ਇੱਕ-ਰਸ ਸਭ ਜੀਵਾਂ ਦੇ ਅੰਦਰ ਮੌਜੂਦ ਪ੍ਰਤੀਤ ਹੁੰਦਾ ਹੈ ॥੨॥
48203	1127	ਸਾਚਿ ਰਤੇ ਸਚੁ ਅੰਮ੍ਰਿਤੁ ਜਿਹਵਾ ਮਿਥਿਆ ਮੈਲੁ ਨ ਰਾਈ॥		Saach Rathae Sach Anmrith Jihavaa Mithhiaa Mail N Raaee ||	Those who are imbued with Truth - their tongues are tinged with Truth; they do not have even an iota of the filth of falsehood.	ਜੇਹੜੇ ਬੰਦੇ ਸਦਾ-ਥਿਰ ਪ੍ਰਭੂ (ਦੇ ਪਿਆਰ) ਵਿਚ ਮਸਤ ਰਹਿੰਦੇ ਹਨ, ਜਿਨ੍ਹਾਂ ਦੀ ਜੀਭ ਉਤੇ ਆਤਮਕ ਜੀਵਨ ਦੇਣ ਵਾਲਾ ਨਾਮ ਟਿਕਿਆ ਰਹਿੰਦਾ ਹੈ, ਝੂਠ ਦੀ ਮੈਲ ਉਹਨਾਂ ਦੇ ਅੰਦਰ ਰਤਾ ਭੀ ਨਹੀਂ ਹੁੰਦੀ।

48204	1127	ਨਿਰਮਲ ਨਾਮੁ ਅੰਮ੍ਰਿਤ ਰਸੁ ਚਾਖਿਆ ਸਬਦਿ ਰਤੇ ਪਤਿ ਪਾਈ॥੩॥		Niramal Naam Anmrith Ras Chaakhiaa Sabadh Rathae Path Paaee ||3||	They taste the sweet Ambrosial Nectar of the Immaculate Naam, the Name of the Lord; imbued with the Shabad, they are blessed with honor. ||3||	ਉਹ ਬੰਦੇ ਪਵਿੱਤ੍ਰ ਨਾਮ (ਜਪਦੇ ਹਨ), ਆਤਮਕ ਜੀਵਨ ਦੇਣ ਵਾਲੇ ਨਾਮ ਦਾ ਸੁਆਦ ਚੱਖਦੇ ਹਨ, ਸਿਫ਼ਤ-ਸਾਲਾਹ ਦੀ ਬਾਣੀ ਵਿਚ ਸਦਾ ਮਸਤ ਰਹਿੰਦੇ ਹਨ, ਤੇ (ਲੋਕ ਪਰਲੋਕ ਵਿਚ) ਇੱਜ਼ਤ ਖੱਟਦੇ ਹਨ ॥੩॥
48205	1127	ਗੁਣੀ ਗੁਣੀ ਮਿਲਿ ਲਾਹਾ ਪਾਵਸਿ ਗੁਰਮੁਖਿ ਨਾਮਿ ਵਡਾਈ॥		Gunee Gunee Mil Laahaa Paavas Guramukh Naam Vaddaaee ||	The virtuous meet with the virtuous, and earn the profit; as Gurmukh, they obtain the glorious greatness of the Naam.	ਗੁਣਵਾਨ (ਸੇਵਕ) ਗੁਣਵਾਨ (ਸੇਵਕ) ਨੂੰ ਮਿਲ ਕੇ (ਨਾਮ ਸਿਮਰਨ ਦੀ ਸਾਂਝ ਬਣਾ ਕੇ) ਪ੍ਰਭੂ-ਨਾਮ ਦਾ ਲਾਭ ਖੱਟਦਾ ਹੈ, ਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ ਨਾਮ ਵਿਚ ਜੁੜ ਕੇ ਇੱਜ਼ਤ ਪਾਂਦਾ ਹੈ,
48206	1127	ਸਗਲੇ ਦੂਖ ਮਿਟਹਿ ਗੁਰ ਸੇਵਾ ਨਾਨਕ ਨਾਮੁ ਸਖਾਈ॥੪॥੫॥੬॥		Sagalae Dhookh Mittehi Gur Saevaa Naanak Naam Sakhaaee ||4||5||6||	All sorrows are erased, by serving the Guru; O Nanak, the Naam is our only Friend and Companion. ||4||5||6||	ਗੁਰੂ ਦੀ ਦੱਸੀ ਕਾਰ ਕਰ ਕੇ ਉਸ ਦੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ; ਹੇ ਨਾਨਕ! ਪ੍ਰਭੂ ਦਾ ਨਾਮ ਉਸ ਦਾ (ਸਦਾ ਦਾ) ਮਿੱਤਰ ਬਣ ਜਾਂਦਾ ਹੈ ॥੪॥੫॥੬॥
48207	1127	ਭੈਰਉ ਮਹਲਾ ੧॥		Bhairo Mehalaa 1 ||	Bhairao, First Mehl:	

48208	1127	ਹਿਰਦੈ ਨਾਮੁ ਸਰਬ ਧਨੁ ਧਾਰਣੁ ਗੁਰ ਪਰਸਾਦੀ ਪਾਈਐ॥		Hiradhai Naam Sarab Dhhan Dhhaaran Gur Parasaadhee Paaeeai ||	The Naam the Name of the Lord is the wealth and support of all; It is enshrined in the heart, by Guru's Grace.	(ਜਿਵੇਂ ਦੁਨੀਆ ਵਾਲਾ ਧਨ-ਪਦਾਰਥ ਇਨਸਾਨ ਦੀਆਂ ਸਰੀਰਕ ਲੋੜਾਂ ਪੂਰੀਆਂ ਕਰਦਾ ਹੈ, ਤਿਵੇਂ) ਪਰਮਾਤਮਾ ਦਾ ਨਾਮ ਹਿਰਦੇ ਵਿਚ ਟਿਕਾਣਾ ਸਭ ਜੀਵਾਂ ਲਈ (ਆਤਮਕ ਲੋੜਾਂ ਪੂਰੀਆਂ ਕਰਨ ਵਾਸਤੇ) ਧਨ ਹੈ (ਆਤਮਕ ਜੀਵਨ ਦਾ) ਸਹਾਰਾ ਬਣਦਾ ਹੈ, (ਪਰ ਇਹ ਧਨ) ਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
48209	1127	ਅਮਰ ਪਦਾਰਥ ਤੇ ਕਿਰਤਾਰਥ ਸਹਜ ਧਿਆਨਿ ਲਿਵ ਲਾਈਐ॥੧॥		Amar Padhaarathh Thae Kirathaarathh Sehaj Dhhiaan Liv Laaeeai ||1||	One who gathers this imperishable wealth is fulfilled, and through intuitive meditation, is lovingly focused on the Lord. ||1||	ਆਤਮਕ ਜੀਵਨ ਦੇਣ ਵਾਲੇ ਇਸ ਕੀਮਤੀ ਧਨ ਦੀ ਬਰਕਤਿ ਨਾਲ ਕਾਮਯਾਬ ਜ਼ਿੰਦਗੀ ਵਾਲਾ ਹੋ ਜਾਈਦਾ ਹੈ, ਆਤਮਕ ਅਡੋਲਤਾ ਦੇ ਟਿਕਾਓ ਵਿਚ ਟਿਕੇ ਰਹਿ ਕੇ ਸੁਰਤ (ਪ੍ਰਭੂ-ਚਰਨਾਂ ਵਿਚ) ਜੁੜੀ ਰਹਿੰਦੀ ਹੈ ॥੧॥
48210	1127	ਮਨ ਰੇ ਰਾਮ ਭਗਤਿ ਚਿਤੁ ਲਾਈਐ॥		Man Rae Raam Bhagath Chith Laaeeai ||	O mortal, focus your consciousness on devotional worship of the Lord.	ਹੇ ਮਨ! ਪਰਮਾਤਮਾ ਦੀ ਭਗਤੀ ਵਿਚ ਜੁੜਨਾ ਚਾਹੀਦਾ ਹੈ।

48211	1127	ਗੁਰਮੁਖਿ ਰਾਮ ਨਾਮੁ ਜਪਿ ਹਿਰਦੈ ਸਹਜ ਸੇਤੀ ਘਰਿ ਜਾਈਐ॥੧॥ਰਹਾਉ ॥		Guramukh Raam Naam Jap Hiradhai Sehaj Saethee Ghar Jaaeeai ||1|| Rehaao ||	As Gurmukh, meditate on the Name of the Lord in your heart, and you shall return to your home with intuitive ease. ||1||Pause||	ਹੇ ਮਨ! ਗੁਰੂ ਦੇ ਦੱਸੇ ਜੀਵਨ-ਰਾਹ ਤੇ ਤੁਰ ਕੇ ਪਰਮਾਤਮਾ ਦਾ ਨਾਮ ਹਿਰਦੇ ਵਿਚ ਸਿਮਰ, (ਇਸ ਤਰ੍ਹਾਂ) ਸ਼ਾਂਤੀ ਵਾਲਾ ਜੀਵਨ ਗੁਜ਼ਾਰਦਿਆਂ ਪਰਮਾਤਮਾ ਦੇ ਚਰਨਾਂ ਵਿਚ ਪਹੁੰਚ ਜਾਈਦਾ ਹੈ ॥੧॥ ਰਹਾਉ ॥
48212	1127	ਭਰਮੁ ਭੇਦੁ ਭਉ ਕਬਹੁ ਨ ਛੂਟਸਿ ਆਵਤ ਜਾਤ ਨ ਜਾਨੀ॥		Bharam Bhaedh Bho Kabahu N Shhoottas Aavath Jaath N Jaanee ||	Doubt, separation and fear are never eradicated, and the mortal continues coming and going in reincarnation, as long as he does not know the Lord.	(ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ) ਭਟਕਣਾ, ਪ੍ਰਭੂ ਨਾਲੋਂ ਵਿੱਥ, ਡਰ-ਸਹਮ ਕਦੇ ਨਹੀਂ ਮੁੱਕਦਾ, ਜਨਮ ਮਰਨ ਦਾ ਗੇੜ ਬਣਿਆ ਰਹਿੰਦਾ ਹੈ, (ਸਹੀ ਜੀਵਨ ਦੀ) ਸਮਝ ਨਹੀਂ ਪੈਂਦੀ।
48213	1127	ਬਿਨੁ ਹਰਿ ਨਾਮ ਕੋ ਮੁਕਤਿ ਨ ਪਾਵਸਿ ਡੂਬਿ ਮੁਏ ਬਿਨੁ ਪਾਨੀ॥੨॥		Bin Har Naam Ko Mukath N Paavas Ddoob Mueae Bin Paanee ||2||	Without the Name of the Lord, no one is liberated; they drown and die without water. ||2||	ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ ਕੋਈ ਬੰਦਾ (ਮਾਇਆ ਦੀ ਤ੍ਰਿਸ਼ਨਾ ਤੋਂ) ਖ਼ਲਾਸੀ ਨਹੀਂ ਪ੍ਰਾਪਤ ਕਰ ਸਕਦਾ। (ਵਿਕਾਰਾਂ ਦੇ ਪਾਣੀ ਵਿਚ) ਗੋਤੇ ਖਾ ਖਾ ਕੇ ਆਤਮਕ ਮੌਤ ਸਹੇੜ ਲੈਂਦਾ ਹੈ, ਵਿਸ਼ਿਆਂ ਨਾਲ ਤ੍ਰਿਪਤੀ ਭੀ ਨਹੀਂ ਹੁੰਦੀ ॥੨॥

48214	1127	ਧੰਧਾ ਕਰਤ ਸਗਲੀ ਪਤਿ ਖੋਵਸਿ ਭਰਮੁ ਨ ਮਿਟਸਿ ਗਵਾਰਾ॥		Dhhandhhaa Karath Sagalee Path Khovas Bharam N Mittas Gavaaraa ||	Busy with his worldly affairs, all honor is lost; the ignorant one is not rid of his doubts.	ਹੇ ਮੂਰਖ (ਮਨ)! (ਨਿਰੀ) ਮਾਇਆ ਦੀ ਖ਼ਾਤਰ ਦੌੜ-ਭੱਜ ਕਰਦਿਆਂ ਤੂੰ ਆਪਣੀ ਇੱਜ਼ਤ ਗਵਾ ਲਏਂਗਾ, (ਇਸ ਤਰ੍ਹਾਂ) ਤੇਰੀ ਭਟਕਣਾ ਨਹੀਂ ਮੁੱਕੇਗੀ।
48215	1127	ਬਿਨੁ ਗੁਰ ਸਬਦ ਮੁਕਤਿ ਨਹੀ ਕਬ ਹੀ ਅੰਧੁਲੇ ਧੰਧੁ ਪਸਾਰਾ॥੩॥		Bin Gur Sabadh Mukath Nehee Kab Hee Andhhulae Dhhandhh Pasaaraa ||3||	Without the Word of the Guru's Shabad, the mortal is never liberated; he remains blindly entangled in the expanse of worldly affairs. ||3||	ਹੇ ਅੰਨ੍ਹੇ (ਮਨ)! ਗੁਰੂ ਦੇ ਸ਼ਬਦ (ਨਾਲ ਪਿਆਰ ਕਰਨ) ਤੋਂ ਬਿਨਾ (ਮਾਇਆ ਦੀ ਤ੍ਰਿਸ਼ਨਾ ਤੋਂ) ਕਦੇ ਖ਼ਲਾਸੀ ਨਹੀਂ ਹੋਵੇਗੀ। ਇਹ ਦੌੜ-ਭੱਜ ਟਿਕੀ ਰਹੇਗੀ, ਸੁਰਤ ਦਾ ਇਹ ਖਿੰਡਾਉ ਬਣਿਆ ਰਹੇਗਾ ॥੩॥
48216	1127	ਅਕੁਲ ਨਿਰੰਜਨ ਸਿਉ ਮਨੁ ਮਾਨਿਆ ਮਨ ਹੀ ਤੇ ਮਨੁ ਮੂਆ॥		Akul Niranjan Sio Man Maaniaa Man Hee Thae Man Mooaa ||	My mind is pleased and appeased with the Immaculate Lord, who has no ancestry. Through the mind itself, the mind is subdued.	ਜੇਹੜਾ ਮਨ ਉਸ ਪ੍ਰਭੂ ਨਾਲ ਰਿੱਝ ਜਾਂਦਾ ਹੈ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ ਅਤੇ ਜਿਸ ਦੀ ਕੋਈ ਖ਼ਾਸ ਕੁਲ ਨਹੀਂ ਹੈ, ਮਾਇਕ ਫੁਰਨਿਆਂ ਵਲੋਂ ਉਸ ਮਨ ਦਾ ਚਾਉ-ਉਤਸ਼ਾਹ ਹੀ ਮੁੱਕ ਜਾਂਦਾ ਹੈ।
48217	1127	ਅੰਤਰਿ ਬਾਹਰਿ ਏਕੋ ਜਾਨਿਆ ਨਾਨਕ ਅਵਰੁ ਨ ਦੂਆ॥੪॥੬॥੭॥		Anthar Baahar Eaeko Jaaniaa Naanak Avar N Dhooaa ||4||6||7||	Deep within my being, and outside as well, I know only the One Lord. O Nanak, there is no other at all. ||4||6||7||	ਹੇ ਨਾਨਕ! ਉਹ ਮਨ ਆਪਣੇ ਅੰਦਰ ਤੇ ਸਾਰੇ ਸੰਸਾਰ ਵਿਚ ਇਕ ਪਰਮਾਤਮਾ ਨੂੰ ਹੀ ਪਛਾਣਦਾ ਹੈ, ਉਸ ਪ੍ਰਭੂ ਤੋਂ ਬਿਨਾ ਕੋਈ ਹੋਰ ਉਸ ਨੂੰ ਨਹੀਂ ਸੁਝਦਾ ॥੪॥੬॥੭॥
48218	1127	ਭੈਰਉ ਮਹਲਾ ੧॥		Bhairo Mehalaa 1 ||	Bhairao, First Mehl:	

48219	1127	ਜਗਨ ਹੋਮ ਪੁੰਨ ਤਪ ਪੂਜਾ ਦੇਹ ਦੁਖੀ ਨਿਤ ਦੂਖ ਸਹੈ॥	ਜੱਗਨ	Jagan Hom Punn Thap Poojaa Dhaeh Dhukhee Nith Dhookh Sehai ||	You may give feasts, make burnt offerings, donate to charity, perform austere penance and worship, and endure pain and suffering in the body.	(ਜੇ ਮਨੁੱਖ ਪ੍ਰਭੂ ਦਾ ਸਿਮਰਨ ਨਹੀਂ ਕਰਦਾ ਤਾਂ) ਜੱਗ ਹਵਨ ਪੁੰਨ-ਦਾਨ, ਤਪ ਪੂਜਾ ਆਦਿਕ ਕਰਮ ਕੀਤਿਆਂ ਸਰੀਰ (ਫਿਰ ਭੀ) ਦੁਖੀ ਹੀ ਰਹਿੰਦਾ ਹੈ ਦੁੱਖ ਹੀ ਸਹਾਰਦਾ ਹੈ।
48220	1127	ਰਾਮ ਨਾਮ ਬਿਨੁ ਮੁਕਤਿ ਨ ਪਾਵਸਿ ਮੁਕਤਿ ਨਾਮਿ ਗੁਰਮੁਖਿ ਲਹੈ॥੧॥		Raam Naam Bin Mukath N Paavas Mukath Naam Guramukh Lehai ||1||	But without the Lord's Name, liberation is not obtained. As Gurmukh, obtain the Naam and liberation. ||1||	(ਵਿਕਾਰਾਂ ਤੋਂ ਅਤੇ ਵਿਕਾਰਾਂ ਤੋਂ ਪੈਦਾ ਹੋਏ ਦੁੱਖਾਂ ਤੋਂ) ਖ਼ਲਾਸੀ ਕੋਈ ਮਨੁੱਖ ਪਰਮਾਤਮਾ ਦੇ ਨਾਮ ਦਾ ਸਿਮਰਨ ਕਰਨ ਤੋਂ ਬਿਨਾ ਨਹੀਂ ਪ੍ਰਾਪਤ ਕਰ ਸਕਦਾ, ਇਹ ਖ਼ਲਾਸੀ ਗੁਰੂ ਦੀ ਸਰਨ ਪੈ ਕੇ ਪ੍ਰਭੂ-ਨਾਮ ਵਿਚ ਜੁੜਿਆਂ ਹੀ ਮਿਲਦੀ ਹੈ ॥੧॥
48221	1127	ਰਾਮ ਨਾਮ ਬਿਨੁ ਬਿਰਥੇ ਜਗਿ ਜਨਮਾ॥		Raam Naam Bin Birathhae Jag Janamaa ||	Without the Lord's Name, birth into the world is useless.	ਪਰਮਾਤਮਾ ਦਾ ਨਾਮ ਜਪਣ ਤੋਂ ਵਾਂਜੇ ਰਹਿ ਕੇ ਮਨੁੱਖ ਦਾ ਜਗਤ ਵਿਚ ਜਨਮ (ਲੈਣਾ) ਵਿਅਰਥ ਹੋ ਜਾਂਦਾ ਹੈ।

48222	1127	ਬਿਖੁ ਖਾਵੈ ਬਿਖੁ ਬੋਲੀ ਬੋਲੈ ਬਿਨੁ ਨਾਵੈ ਨਿਹਫਲੁ ਮਰਿ ਭ੍ਰਮਨਾ॥੧॥ਰਹਾਉ॥		Bikh Khaavai Bikh Bolee Bolai Bin Naavai Nihafal Mar Bhramanaa ||1|| Rehaao ||	Without the Name, the mortal eats poison and speaks poisonous words; he dies fruitlessly, and wanders in reincarnation. ||1||Pause||	ਜੇਹੜਾ ਮਨੁੱਖ ਵਿਸ਼ਿਆਂ ਦੀ ਜ਼ਹਰ ਖਾਂਦਾ ਰਹਿੰਦਾ ਹੈ, ਵਿਸ਼ਿਆਂ ਦੀਆਂ ਹੀ ਨਿੱਤ ਗੱਲਾਂ ਕਰਦਾ ਰਹਿੰਦਾ ਹੈ ਤੇ ਪ੍ਰਭੂ-ਸਿਮਰਨ ਤੋਂ ਖ਼ਾਲੀ ਰਹਿੰਦਾ ਹੈ, ਉਸ ਦੀ ਜ਼ਿੰਦਗੀ ਵਿਅਰਥ ਰਹਿੰਦੀ ਹੈ ਉਹ ਆਤਮਕ ਮੌਤੇ ਮਰ ਜਾਂਦਾ ਹੈ ਅਤੇ ਸਦਾ ਭਟਕਦਾ ਰਹਿੰਦਾ ਹੈ ॥੧॥ ਰਹਾਉ ॥
48223	1127	ਪੁਸਤਕ ਪਾਠ ਬਿਆਕਰਣ ਵਖਾਣੈ ਸੰਧਿਆ ਕਰਮ ਤਿਕਾਲ ਕਰੈ ॥	(ਤਿਕਾਲ) ਸਵੇਰੇ, ਦੁਪਹਿਰੇ, ਸ਼ਾਮ- ਤਿੰਨੇ ਕਾਲ ਸੰਧਿਆ ਕਰਦੇ ਹਨ	Pusathak Paath Biaakaran Vakhaanai Sandhhiaa Karam Thikaal Karai ||	The mortal may read scriptures, study grammar and say his prayers three times a day.	(ਪੰਡਿਤ ਸੰਸਕ੍ਰਿਤ) ਪੁਸਤਕਾਂ ਦੇ ਪਾਠ ਤੇ ਵਿਆਕਰਣ ਆਦਿਕ (ਆਪਣੇ ਵਿਦਿਆਰਥੀਆਂ ਆਦਿਕਾਂ ਨੂੰ) ਸਮਝਾਂਦਾ ਹੈ, ਤਿੰਨ ਵੇਲੇ (ਹਰ ਰੋਜ਼) ਸੰਧਿਆ-ਕਰਮ ਭੀ ਕਰਦਾ ਹੈ,
48224	1127	ਬਿਨੁ ਗੁਰ ਸਬਦ ਮੁਕਤਿ ਕਹਾ ਪ੍ਰਾਣੀ ਰਾਮ ਨਾਮ ਬਿਨੁ ਉਰਝਿ ਮਰੈ॥੨॥		Bin Gur Sabadh Mukath Kehaa Praanee Raam Naam Bin Ourajh Marai ||2||	Without the Word of the Guru's Shabad, where is liberation, O mortal? Without the Lord's Name, the mortal is entangled and dies. ||2||	ਪਰ, ਹੇ ਪ੍ਰਾਣੀ! ਗੁਰੂ ਦੇ ਸ਼ਬਦ ਤੋਂ ਬਿਨਾ ਉਸ ਨੂੰ (ਵਿਸ਼ਿਆਂ ਦੇ ਜ਼ਹਰ ਤੋਂ) ਖ਼ਲਾਸੀ ਬਿਲਕੁਲ ਨਹੀਂ ਮਿਲ ਸਕਦੀ। ਪਰਮਾਤਮਾ ਦੇ ਨਾਮ ਤੋਂ ਵਾਂਜਿਆ ਉਹ ਵਿਕਾਰਾਂ ਵਿਚ ਫਸਿਆ ਰਹਿ ਕੇ ਆਤਮਕ ਮੌਤ ਸਹੇੜ ਲੈਂਦਾ ਹੈ ॥੨॥

48225	1127	ਡੰਡ ਕਮੰਡਲ ਸਿਖਾ ਸੂਤੁ ਧੋਤੀ ਤੀਰਥਿ ਗਵਨੁ ਅਤਿ ਭ੍ਰਮਨੁ ਕਰੈ॥	ਸਿਖਾ:ਪੋਲਾ ਬੋਲੋ। (ਸਿਖਾ) ਚੋਟੀ ਬੋਦੀ	Ddandd Kamanddal Sikhaa Sooth Dhhothee Theerathh Gavan Ath Bhraman Karai ||	Walking sticks, begging bowls, hair tufts, sacred threads, loin cloths, pilgrimages to sacred shrines and wandering all around	(ਜੋਗੀ ਹੱਥ ਵਿਚ) ਡੰਡਾ ਤੇ ਖੱਪਰ ਫੜ ਲੈਂਦਾ ਹੈ, ਬ੍ਰਾਹਮਣ ਬੋਦੀ ਰੱਖਦਾ ਹੈ, ਜਨੇਊ ਤੇ ਧੋਤੀ ਪਹਿਨਦਾ ਹੈ, (ਜੋਗੀ) ਤੀਰਥ-ਜਾਤ੍ਰਾ ਤੇ ਧਰਤੀ-ਭ੍ਰਮਨ ਕਰਦਾ ਹੈ।
48226	1127	ਰਾਮ ਨਾਮ ਬਿਨੁ ਸਾਂਤਿ ਨ ਆਵੈ ਜਪਿ ਹਰਿ ਹਰਿ ਨਾਮੁ ਸੁ ਪਾਰਿ ਪਰੈ॥੩॥		Raam Naam Bin Saanth N Aavai Jap Har Har Naam S Paar Parai ||3||	- without the Lord's Name, peace and tranquility are not obtained. One who chants the Name of the Lord, Har, Har, crosses over to the other side. ||3||	(ਪਰ ਇਹਨੀਂ ਕੰਮੀਂ) ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ (ਮਨ ਨੂੰ) ਸ਼ਾਂਤੀ ਨਹੀਂ ਆ ਸਕਦੀ। ਜੋ ਮਨੁੱਖ ਹਰੀ ਦਾ ਨਾਮ ਸਦਾ ਸਿਮਰਦਾ ਹੈ, ਉਹ (ਵਿਸ਼ੇ ਵਿਕਾਰਾਂ ਦੇ ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ ॥੩॥
48227	1127	ਜਟਾ ਮੁਕਟੁ ਤਨਿ ਭਸਮ ਲਗਾਈ ਬਸਤ੍ਰ ਛੋਡਿ ਤਨਿ ਨਗਨੁ ਭਇਆ॥		Jattaa Mukatt Than Bhasam Lagaaee Basathr Shhodd Than Nagan Bhaeiaa ||	The mortal's hair may be matted and tangled upon his head, and he may smear his body with ashes; he may take off his clothes and go naked.	ਜਟਾਂ ਦਾ ਜੂੜਾ ਕਰ ਲਿਆ, ਪਿੰਡੇ ਤੇ ਸੁਆਹ ਮਲ ਲਈ, ਸਰੀਰ ਉਤੋਂ ਕੱਪੜੇ ਉਤਾਰ ਕੇ ਨੰਗਾ ਰਹਿਣ ਲੱਗ ਪਿਆ,

48228	1127	ਰਾਮ ਨਾਮ ਬਿਨੁ ਤ੍ਰਿਪਤਿ ਨ ਆਵੈ ਕਿਰਤ ਕੈ ਬਾਂਧੈ ਭੇਖੁ ਭਇਆ॥੪॥		Raam Naam Bin Thripath N Aavai Kirath Kai Baandhhai Bhaekh Bhaeiaa ||4||	But without the Lord's Name, he is not satisfied; he wears religious robes, but he is bound by the karma of the actions he committed in past lives. ||4||	ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦੇ ਬੱਝੇ ਹੋਏ ਲਈ (ਇਹ ਸਾਰਾ ਅਡੰਬਰ) ਨਿਰਾ ਬਾਹਰਲਾ ਧਾਰਮਿਕ ਲਿਬਾਸ ਹੀ ਹੈ। ਪ੍ਰਭੂ ਦਾ ਨਾਮ ਜਪਣ ਤੋਂ ਬਿਨਾ ਮਾਇਆ ਦੀ ਤ੍ਰਿਸ਼ਨਾ ਵਲੋਂ ਮਨ ਰੱਜਦਾ ਨਹੀਂ ॥੪॥
48229	1127	ਜੇਤੇ ਜੀਅ ਜੰਤ ਜਲਿ ਥਲਿ ਮਹੀਅਲਿ ਜੜ੍ਹ ਕੜ੍ਹ ਤੂ ਸਰਬ ਜੀਆ॥		Jaethae Jeea Janth Jal Thhal Meheeal Jathr Kathr Thoo Sarab Jeeaa ||	As many beings and creatures as there are in the water, on the land and in the sky - wherever they are, You are with them all, O Lord.	(ਪਰ ਹੇ ਪ੍ਰਭੂ! ਜੀਵਾਂ ਦੇ ਕੁਝ ਵੱਸ ਨਹੀਂ ਹੈ) ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ ਜਿਤਨੇ ਭੀ ਜੀਵ ਵੱਸਦੇ ਹਨ ਸਭਨਾਂ ਵਿਚ ਤੂੰ ਆਪ ਹੀ ਹਰ ਥਾਂ ਮੌਜੂਦ ਹੈਂ।
48230	1127	ਗੁਰ ਪਰਸਾਦਿ ਰਾਖਿ ਲੇ ਜਨ ਕਉ ਹਰਿ ਰਸੁ ਨਾਨਕ ਝੋਲਿ ਪੀਆ॥੫॥੭॥੮॥		Gur Parasaadh Raakh Lae Jan Ko Har Ras Naanak Jhol Peeaa ||5||7||8||	By Guru's Grace, please preserve Your humble servant; O Lord, Nanak stirs up this juice, and drinks it in. ||5||7||8||	ਹੇ ਨਾਨਕ! ਜਿਸ ਜੀਵ ਨੂੰ ਪ੍ਰਭੂ ਗੁਰੂ ਦੀ ਕਿਰਪਾ ਦੀ ਰਾਹੀਂ (ਵਿਸ਼ੇ ਵਿਕਾਰਾਂ ਤੋਂ) ਬਚਾਂਦਾ ਹੈ ਉਹ ਪਰਮਾਤਮਾ ਦੇ ਨਾਮ ਦਾ ਰਸ ਬੜੇ ਸੁਆਦ ਨਾਲ ਪੀਂਦਾ ਹੈ ॥੫॥੭॥੮॥

48231	1127	ਰਾਗੁ ਭੈਰਉ ਮਹਲਾ ੩ ਚਉਪਦੇ ਘਰੁ ੧		Raag Bhairo Mehalaa 3 Choupadhae Ghar 1	Raag Bhairao, Third Mehl, Chaupadas, First House:	ਰਾਗ ਭੈਰਉ, ਘਰ ੧ ਵਿੱਚ ਗੁਰੂ ਅਮਰਦਾਸ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
48232	1127	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
48233	1127	ਜਾਤਿ ਕਾ ਗਰਬੁ ਨ ਕਰੀਅਹੁ ਕੋਈ॥		Jaath Kaa Garab N Kareeahu Koee ||	No one should be proud of his social class and status.	ਕੋਈ ਭੀ ਧਿਰ (ਉੱਚੀ) ਜਾਤਿ ਦਾ ਮਾਣ ਨਾਹ ਕਰਿਓ।
48234	1127	ਬ੍ਰਹਮੁ ਬਿੰਦੇ ਸੋ ਬ੍ਰਾਹਮਣੁ ਹੋਈ॥੧॥		Breham Bindhae So Braahaman Hoee ||1||	He alone is a Brahmin, who knows God. ||1||	('ਜਾਤਿ' ਦੇ ਆਸਰੇ ਬ੍ਰਾਹਮਣ ਨਹੀਂ ਬਣੀਦਾ) ਉਹ ਮਨੁੱਖ ਬ੍ਰਾਹਮਣ ਬਣ ਜਾਂਦਾ ਹੈ ਜਿਹੜਾ ਬ੍ਰਹਮ (ਪਰਮਾਤਮਾ) ਨਾਲ ਡੂੰਘੀ ਸਾਂਝ ਪਾ ਲੈਂਦਾ ਹੈ ॥੧॥
48235	1127	ਜਾਤਿ ਕਾ ਗਰਬੁ ਨ ਕਰਿ ਮੂਰਖ ਗਵਾਰਾ॥		Jaath Kaa Garab N Kar Moorakh Gavaaraa ||	Do not be proud of your social class and status, you ignorant fool!	ਹੇ ਮੂਰਖ! ਹੇ ਗੰਵਾਰ! (ਉੱਚੀ) ਜਾਤਿ ਦਾ ਮਾਣ ਨਾਹ ਕਰ।
48236	1128	ਇਸੁ ਗਰਬ ਤੇ ਚਲਹਿ ਬਹੁਤੁ ਵਿਕਾਰਾ॥੧॥ਰਹਾਉ ॥		Eis Garab Thae Chalehi Bahuth Vikaaraa ||1|| Rehaao ||	So much sin and corruption comes from this pride. ||1||Pause||	ਇਸ ਮਾਣ-ਅਹੰਕਾਰ ਤੋਂ (ਭਾਈਚਾਰਕ ਜੀਵਨ ਵਿਚ) ਕਈ ਵਿਗਾੜ ਚੱਲ ਪੈਂਦੇ ਹਨ ॥੧॥ ਰਹਾਉ ॥

48237	1128	ਚਾਰੇ ਵਰਨ ਆਖੈ ਸਭੁ ਕੋਈ॥		Chaarae Varan Aakhai Sabh Koee ||	Everyone says that there are four castes, four social classes.	ਹਰੇਕ ਮਨੁੱਖ ਇਹੀ ਆਖਦਾ ਹੈ ਕਿ (ਬ੍ਰਾਹਮਣ, ਖੱਤ੍ਰੀ, ਵੈਸ਼, ਸ਼ੂਦਰ, ਇਹ) ਚਾਰ ਹੀ (ਵਖ ਵਖ) ਵਰਨ ਹਨ।
48238	1128	ਬ੍ਰਹਮੁ ਬਿੰਦੁ ਤੇ ਸਭ ਓਪਤਿ ਹੋਈ॥੨॥		Breham Bindh Thae Sabh Oupath Hoee ||2||	They all emanate from the drop of God's Seed. ||2||	(ਪਰ ਇਹ ਲੋਕ ਇਹ ਨਹੀਂ ਸਮਝਦੇ ਕਿ) ਪਰਮਾਤਮਾ ਦੀ ਜੋਤਿ-ਰੂਪ ਅਸਲੇ ਤੋਂ ਹੀ ਸਾਰੀ ਸ੍ਰਿਸ਼ਟੀ ਪੈਦਾ ਹੁੰਦੀ ਹੈ ॥੨॥
48239	1128	ਮਾਟੀ ਏਕ ਸਗਲ ਸੰਸਾਰਾ॥		Maattee Eaek Sagal Sansaaraa ||	The entire universe is made of the same clay.	ਇਹ ਸਾਰਾ ਸੰਸਾਰ ਹੈ (ਪਰਮਾਤਮਾ ਨੇ ਆਪਣੀ ਹੀ ਜੋਤਿ ਤੋਂ ਬਣਾਇਆ ਹੋਇਆ ਹੈ),
48240	1128	ਬਹੁ ਬਿਧਿ ਭਾਂਡੇ ਘੜੈ ਕੁਮ੍ਹਾਰਾ॥੩॥	ਘੜ੍ਹੈ	Bahu Bidhh Bhaanddae Gharrai Kumhaaraa ||3||	The Potter has shaped it into all sorts of vessels. ||3||	(ਜਿਵੇਂ ਕੋਈ) ਘੁਮਿਆਰ ਇਕੋ ਮਿੱਟੀ ਤੋਂ ਕਈ ਕਿਸਮਾਂ ਦੇ ਭਾਂਡੇ ਘੜ ਲੈਂਦਾ ਹੈ ॥੩॥
48241	1128	ਪੰਚ ਤਤੁ ਮਿਲਿ ਦੇਹੀ ਕਾ ਆਕਾਰਾ॥		Panch Thath Mil Dhaehee Kaa Aakaaraa ||	The five elements join together, to make up the form of the human body.	ਪੰਜ ਤੱਤ ਮਿਲ ਕੇ ਸਰੀਰ ਦੀ ਸ਼ਕਲ ਬਣਦੀ ਹੈ।
48242	1128	ਘਟਿ ਵਧਿ ਕੋ ਕਰੈ ਬੀਚਾਰਾ॥੪॥		Ghatt Vadhh Ko Karai Beechaaraa ||4||	Who can say which is less, and which is more? ||4||	ਕੋਈ ਇਹ ਨਹੀਂ ਆਖ ਸਕਦਾ ਕਿ ਕਿਸੇ (ਵਰਨ ਵਾਲੇ) ਵਿਚ ਬਹੁਤੇ ਤੱਤ ਹਨ, ਤੇ, ਕਿਸੇ (ਵਰਨ ਵਾਲੇ) ਵਿਚ ਥੋੜ੍ਹੇ ਤੱਤ ਹਨ ॥੪॥

48243	1128	ਕਹਤੁ ਨਾਨਕ ਇਹੁ ਜੀਉ ਕਰਮ ਬੰਧੁ ਹੋਈ॥		Kehath Naanak Eihu Jeeo Karam Bandhh Hoee ||	Says Nanak, this soul is bound by its actions.	ਨਾਨਕ ਆਖਦਾ ਹੈ ਕਿ (ਭਾਵੇਂ ਕੋਈ ਬ੍ਰਾਹਮਣ ਹੈ, ਭਾਵੇਂ ਕੋਈ ਸ਼ੂਦਰ ਹੈ) ਹਰੇਕ ਜੀਵ ਆਪੇ ਆਪਣੇ ਕੀਤੇ ਕਰਮਾਂ (ਦੇ ਸੰਸਕਾਰਾਂ) ਦਾ ਬੱਝਾ ਹੋਇਆ ਹੈ।
48244	1128	ਬਿਨੁ ਸਤਿਗੁਰ ਭੇਟੇ ਮੁਕਤਿ ਨ ਹੋਈ॥੫॥੧॥		Bin Sathigur Bhaettae Mukath N Hoee ||5||1||	Without meeting the True Guru, it is not liberated. ||5||1||	ਗੁਰੂ ਨੂੰ ਮਿਲਣ ਤੋਂ ਬਿਨਾ (ਕੀਤੇ ਕਰਮਾਂ ਦੇ ਸੰਸਕਾਰਾਂ ਦੇ ਬੰਧਨਾਂ ਤੋਂ) ਖ਼ਲਾਸੀ ਨਹੀਂ ਹੁੰਦੀ ॥੫॥੧॥
48245	1128	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	
48246	1128	ਜੋਗੀ ਗ੍ਰਿਹੀ ਪੰਡਿਤ ਭੇਖਧਾਰੀ॥		Jogee Grihee Panddith Bhaekhadhhaaree ||	The Yogis, the householders, the Pandits, the religious scholars, and the beggars in religious robes	ਜੋਗੀ, ਗ੍ਰਿਹਸਤੀ, ਪੰਡਿਤ, ਭੇਖਾਂ ਦੇ ਸਾਧੂ-
48247	1128	ਏ ਸੂਤੇ ਅਪਨੈ ਅਹੰਕਾਰੀ॥੧॥		Eae Soothae Apanai Ahankaaree ||1||	- they are all asleep in egotism. ||1||	ਇਹ ਸਾਰੇ ਆਪੋ ਆਪਣੇ (ਕਿਸੇ) ਅਹੰਕਾਰ ਵਿਚ (ਪੈ ਕੇ ਪ੍ਰਭੂ ਦੀ ਯਾਦ ਵਲੋਂ) ਗ਼ਾਫ਼ਿਲ ਹੋਏ ਰਹਿੰਦੇ ਹਨ ॥੧॥
48248	1128	ਮਾਇਆ ਮਦਿ ਮਾਤਾ ਰਹਿਆ ਸੋਇ॥	ਮੱਾਤਾ	Maaeiaa Madh Maathaa Rehiaa Soe ||	They are asleep, intoxicated with the wine of Maya.	ਜੀਵ ਮਾਇਆ ਦੇ (ਮੋਹ ਦੇ) ਨਸ਼ੇ ਵਿਚ ਮਸਤ ਹੋ ਕੇ ਪ੍ਰਭੂ ਦੀ ਯਾਦ ਵਲੋਂ ਗ਼ਾਫ਼ਿਲ ਹੋਇਆ ਰਹਿੰਦਾ ਹੈ (ਤੇ, ਇਸ ਦੇ ਆਤਮਕ ਜੀਵਨ ਦੀ ਰਾਸ-ਪੂੰਜੀ ਨੂੰ ਕਾਮਾਦਿਕ ਲੁੱਟਦੇ ਰਹਿੰਦੇ ਹਨ)।

48249	1128	ਜਾਗਤੁ ਰਹੈ ਨ ਮੂਸੈ ਕੋਇ॥੧॥ਰਹਾਉ॥		Jaagath Rehai N Moosai Koe ||1|| Rehaao ||	Only those who remain awake and aware are not robbed. ||1||Pause||	ਪਰ ਜਿਹੜਾ ਮਨੁੱਖ (ਪ੍ਰਭੂ ਦੀ ਯਾਦ ਦੀ ਬਰਕਤਿ ਨਾਲ) ਸੁਚੇਤ ਰਹਿੰਦਾ ਹੈ, ਉਸ ਨੂੰ ਕੋਈ ਵਿਕਾਰ ਲੁੱਟ ਨਹੀਂ ਸਕਦਾ ॥੧॥ ਰਹਾਉ ॥
48250	1128	ਸੋ ਜਾਗੈ ਜਿਸੁ ਸਤਿਗੁਰੁ ਮਿਲੈ॥		So Jaagai Jis Sathigur Milai ||	One who has met the True Guru, remains awake and aware.	ਸਿਰਫ਼ ਉਹ ਮਨੁੱਖ ਸੁਚੇਤ ਰਹਿੰਦਾ ਹੈ ਜਿਸ ਨੂੰ ਗੁਰੂ ਮਿਲ ਪੈਂਦਾ ਹੈ।
48251	1128	ਪੰਚ ਦੂਤ ਓਹੁ ਵਸਗਤਿ ਕਰੈ॥੨॥	ਵੱਸ-ਗਤਿ	Panch Dhooth Ouhu Vasagath Karai ||2||	Such a person overpowers the five thieves. ||2||	ਉਹ ਮਨੁੱਖ (ਸਿਮਰਨ ਦੀ ਬਰਕਤਿ ਨਾਲ) ਕਾਮਾਦਿਕ ਪੰਜੇ ਵੈਰੀਆਂ ਨੂੰ ਆਪਣੇ ਵੱਸ ਵਿਚ ਕਰੀ ਰੱਖਦਾ ਹੈ ॥੨॥
48252	1128	ਸੋ ਜਾਗੈ ਜੋ ਤਤੁ ਬੀਚਾਰੈ॥		So Jaagai Jo Thath Beechaarai ||	One who contemplates the essence of reality remains awake and aware.	ਉਹ ਮਨੁੱਖ (ਵਿਕਾਰਾਂ ਵਲੋਂ) ਆਪਣੇ ਆਪ ਨੂੰ ਬਚਾਈ ਰੱਖਦਾ ਹੈ, ਉਹ ਮਨੁੱਖ ਹੋਰਨਾਂ ਉਤੇ ਧੱਕਾ-ਵਧੀਕੀ ਨਹੀਂ ਕਰਦਾ
48253	1128	ਆਪਿ ਮਰੈ ਅਵਰਾ ਨਹ ਮਾਰੈ॥੩॥		Aap Marai Avaraa Neh Maarai ||3||	He kills his self-conceit, and does not kill anyone else. ||3||	ਜੋ ਪਰਮਾਤਮਾ ਦੇ ਗੁਣਾਂ ਨੂੰ ਆਪਣੇ ਮਨ ਵਿਚ ਵਸਾਂਦਾ ਹੈ। ਸਿਰਫ਼ ਉਹ ਮਨੁੱਖ ਸੁਚੇਤ ਰਹਿੰਦਾ ਹੈ ॥੩॥
48254	1128	ਸੋ ਜਾਗੈ ਜੋ ਏਕੋ ਜਾਣੈ॥		So Jaagai Jo Eaeko Jaanai ||	One who knows the One Lord remains awake and aware.	ਸਿਰਫ਼ ਉਹ ਮਨੁੱਖ (ਮਾਇਆ ਦੇ ਮੋਹ ਦੀ ਨੀਂਦ ਵਲੋਂ) ਸੁਚੇਤ ਰਹਿੰਦਾ ਹੈ ਜਿਹੜਾ ਸਿਰਫ਼ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ,

48255	1128	ਪਰਕਿਰਤਿ ਛੋਡੈ ਤਤੁ ਪਛਾਣੈ॥੪॥	ਪਰ-ਕਿਰਤਿ	Parakirath Shhoddai Thath Pashhaanai ||4||	He abandons the service of others, and realizes the essence of reality. ||4||	ਜਿਹੜਾ ਮਾਇਆ (ਦੇ ਮੋਹ) ਨੂੰ ਤਿਆਗਦਾ ਹੈ, ਅਤੇ ਆਪਣੇ ਅਸਲੇ-ਪ੍ਰਭੂ ਨਾਲ ਜਾਣ-ਪਛਾਣ ਬਣਾਂਦਾ ਹੈ ॥੪॥
48256	1128	ਚਹੁ ਵਰਨਾ ਵਿਚਿ ਜਾਗੈ ਕੋਇ॥		Chahu Varanaa Vich Jaagai Koe ||	Of the four castes, whoever remains awake and aware	(ਕੋਈ ਬ੍ਰਾਹਮਣ ਹੋਵੇ ਖੱਤ੍ਰੀ ਹੋਵੇ ਵੈਸ਼ ਹੋਵੇ ਸ਼ੂਦਰ ਹੋਵੇ) ਚੌਹਾਂ ਵਰਨਾਂ ਵਿਚੋਂ ਕੋਈ ਵਿਰਲਾ (ਮਾਇਆ ਦੇ ਮੋਹ ਦੀ ਨੀਂਦ ਤੋਂ) ਸੁਚੇਤ ਰਹਿੰਦਾ ਹੈ (ਕਿਸੇ ਖ਼ਾਸ ਵਰਨ ਦਾ ਕੋਈ ਲਿਹਾਜ਼ ਨਹੀਂ)।
48257	1128	ਜਮੈ ਕਾਲੈ ਤੇ ਛੂਟੈ ਸੋਇ॥੫॥		Jamai Kaalai Thae Shhoottai Soe ||5||	Is released from birth and death. ||5||	(ਜਿਹੜਾ ਜਾਗਦਾ ਹੈ, ਉਹ) ਆਤਮਕ ਮੌਤ ਤੋਂ ਬਚਿਆ ਰਹਿੰਦਾ ਹੈ ॥੫॥
48258	1128	ਕਹਤ ਨਾਨਕ ਜਨੁ ਜਾਗੈ ਸੋਇ॥		Kehath Naanak Jan Jaagai Soe ||	Says Nanak, that humble being remains awake and aware,	ਨਾਨਕ ਆਖਦਾ ਹੈ ਕਿ ਉਹ ਮਨੁੱਖ ਮਾਇਆ ਦੇ ਮੋਹ ਦੀ ਨੀਂਦ ਤੋਂ ਜਾਗਦਾ ਹੈ,
48259	1128	ਗਿਆਨ ਅੰਜਨੁ ਜਾ ਕੀ ਨੇਤ੍ਰੀ ਹੋਇ॥੬॥੨॥	ਨੇਤ੍ਰੀਂ	Giaan Anjan Jaa Kee Naethree Hoe ||6||2||	Who applies the ointment of spiritual wisdom to his eyes. ||6||2||	ਜਿਸ ਦੀਆਂ ਅੱਖਾਂ ਵਿਚ ਆਤਮਕ ਜੀਵਨ ਦੀ ਸੂਝ ਦਾ ਸੁਰਮਾ ਪਿਆ ਹੁੰਦਾ ਹੈ ॥੬॥੨॥
48260	1128	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	
48261	1128	ਜਾ ਕਉ ਰਾਖੈ ਅਪਨੀ ਸਰਣਾਈ॥		Jaa Ko Raakhai Apanee Saranaaee ||	Whoever the Lord keeps in His Sanctuary,	ਪਰਮਾਤਮਾ ਜਿਸ ਮਨੁੱਖ ਨੂੰ ਆਪਣੇ ਚਰਨਾਂ ਵਿਚ ਜੋੜੀ ਰੱਖਦਾ ਹੈ,

48262	1128	ਸਾਚੇ ਲਾਗੈ ਸਾਚਾ ਫਲੁ ਪਾਈ॥੧॥		Saachae Laagai Saachaa Fal Paaee ||1||	Is attached to the Truth, and receives the fruit of Truth. ||1||	ਉਹ ਮਨੁੱਖ ਸਦਾ-ਥਿਰ ਹਰਿ-ਨਾਮ ਵਿਚ ਜੁੜਿਆ ਰਹਿੰਦਾ ਹੈ, ਉਹ ਮਨੁੱਖ ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ ਹਾਸਲ ਕਰਦਾ ਹੈ ॥੧॥
48263	1128	ਰੇ ਜਨ ਕੈ ਸਿਉ ਕਰਹੁ ਪੁਕਾਰਾ॥		Rae Jan Kai Sio Karahu Pukaaraa ||	O mortal, unto whom will you complain?	ਹੇ ਭਾਈ! (ਕੋਈ ਔਕੜ ਆਉਣ ਤੇ ਤੁਸੀਂ ਪਰਮਾਤਮਾ ਨੂੰ ਛੱਡ ਕੇ) ਕਿਸੇ ਹੋਰ ਅੱਗੇ ਤਰਲੇ ਨਾਹ ਕਰਦੇ ਫਿਰੋ।
48264	1128	ਹੁਕਮੇ ਹੋਆ ਹੁਕਮੇ ਵਰਤਾਰਾ॥੧॥ਰਹਾਉ ॥		Hukamae Hoaa Hukamae Varathaaraa ||1|| Rehaao ||	The Hukam of the Lord's Command is pervasive; by the Hukam of His Command, all things happen. ||1||Pause||	ਪਰਮਾਤਮਾ ਦੇ ਹੁਕਮ ਵਿਚ ਹੀ ਇਹ ਜਗਤ ਬਣਿਆ ਹੈ, ਉਸ ਦੇ ਹੁਕਮ ਵਿਚ ਹੀ ਹਰੇਕ ਘਟਨਾ ਵਾਪਰ ਰਹੀ ਹੈ ॥੧॥ ਰਹਾਉ ॥
48265	1128	ਏਹੁ ਆਕਾਰੁ ਤੇਰਾ ਹੈ ਧਾਰਾ॥		Eaehu Aakaar Thaeraa Hai Dhhaaraa ||	This Creation was established by You.	ਹੇ ਪ੍ਰਭੂ! ਇਹ ਸਾਰਾ ਜਗਤ ਤੇਰੇ ਹੀ ਆਸਰੇ ਹੈ।
48266	1128	ਖਿਨ ਮਹਿ ਬਿਨਸੈ ਕਰਤ ਨ ਲਾਗੈ ਬਾਰਾ॥੨॥		Khin Mehi Binasai Karath N Laagai Baaraa ||2||	In an instant You destroy it, and You create it again without a moment's delay. ||2||	(ਜਦੋਂ ਤੂੰ ਚਾਹੇਂ) ਇਹ ਇਕ ਛਿਨ ਵਿਚ ਨਾਸ ਹੋ ਜਾਂਦਾ ਹੈ, ਇਸ ਨੂੰ ਪੈਦਾ ਕਰਦਿਆਂ ਭੀ (ਤੈਨੂੰ) ਚਿਰ ਨਹੀਂ ਲੱਗਦਾ ॥੨॥
48267	1128	ਕਰਿ ਪ੍ਰਸਾਦੁ ਇਕੁ ਖੇਲੁ ਦਿਖਾਇਆ॥		Kar Prasaadh Eik Khael Dhikhaaeiaa ||	By His Grace, He has staged this Play.	(ਪਰਮਾਤਮਾ ਨੇ) ਮਿਹਰ ਕਰ ਕੇ (ਜਿਸ ਮਨੁੱਖ ਨੂੰ ਇਹ ਸੰਸਾਰ) ਇਕ ਤਮਾਸ਼ਾ ਜਿਹਾ ਹੀ ਵਿਖਾਲ ਦਿੱਤਾ ਹੈ,

48268	1128	ਗੁਰ ਕਿਰਪਾ ਤੇ ਪਰਮਪਦੁ ਪਾਇਆ॥੩॥		Gur Kirapaa Thae Param Padh Paaeiaa ||3||	By the Guru's Merciful Grace, I have obtained the supreme status. ||3||	ਉਹ ਮਨੁੱਖ ਗੁਰੂ ਦੀ ਕਿਰਪਾ ਨਾਲ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ ॥੩॥
48269	1128	ਕਹਤ ਨਾਨਕੁ ਮਾਰਿ ਜੀਵਾਲੇ ਸੋਇ॥		Kehath Naanak Maar Jeevaalae Soe ||	Says Nanak, He alone kills and revives.	ਨਾਨਕ ਆਖਦਾ ਹੈ ਕਿ ਉਹ (ਪਰਮਾਤਮਾ) ਹੀ (ਜੀਵਾਂ ਨੂੰ) ਮਾਰਦਾ ਹੈ ਤੇ ਜਿਵਾਲਦਾ ਹੈ।
48270	1128	ਐਸਾ ਬੂਝਹੁ ਭਰਮਿ ਨ ਭੂਲਹੁ ਕੋਇ॥੪॥੩॥		Aisaa Boojhahu Bharam N Bhoolahu Koe ||4||3||	Understand this well - do not be confused by doubt. ||4||3||	ਇਸ ਤਰ੍ਹਾਂ (ਅਸਲੀਅਤ ਨੂੰ) ਸਮਝੋ, ਤੇ, ਕੋਈ ਧਿਰ ਭਟਕਣਾ ਵਿਚ ਪੈ ਕੇ ਕੁਰਾਹੇ ਨਾਹ ਪਵੇ ॥੪॥੩॥
48271	1128	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	
48272	1128	ਮੈ ਕਾਮਣਿ ਮੇਰਾ ਕੰਤੁ ਕਰਤਾਰੁ॥		Mai Kaaman Maeraa Kanth Karathaar ||	I am the bride; the Creator is my Husband Lord.	ਹੇ ਸਖੀ! ਮੈਂ (ਜੀਵ-) ਇਸਤ੍ਰੀ ਹਾਂ, ਕਰਤਾਰ ਮੇਰਾ ਪਤੀ ਹੈ,
48273	1128	ਜੇਹਾ ਕਰਾਏ ਤੇਹਾ ਕਰੀ ਸੀਗਾਰੁ॥੧॥		Jaehaa Karaaeae Thaehaa Karee Seegaar ||1||	As He inspires me, I adorn myself. ||1||	ਮੈਂ ਉਹੋ ਜਿਹਾ ਹੀ ਸਿੰਗਾਰ ਕਰਦੀ ਹਾਂ ਜਿਹੋ ਜਿਹਾ ਆਪ ਕਰਾਂਦਾ ਹੈ (ਮੈਂ ਆਪਣੇ ਜੀਵਨ ਨੂੰ ਉਤਨਾ ਕੁ ਸੋਹਣਾ ਹੀ ਬਣਾ ਸਕਦੀ ਹਾਂ, ਜਿਤਨਾ ਉਹ ਬਣਵਾਂਦਾ ਹੈ) ॥੧॥
48274	1128	ਜਾਂ ਤਿਸੁ ਭਾਵੈ ਤਾਂ ਕਰੇ ਭੋਗੁ॥		Jaan This Bhaavai Thaan Karae Bhog ||	When it pleases Him, He enjoys me.	ਹੇ ਸਖੀ! ਜਦੋਂ ਉਸ ਦੀ ਰਜ਼ਾ ਹੁੰਦੀ ਹੈ ਮੈਨੂੰ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ।

48275	1128	ਤਨੁ ਮਨੁ ਸਾਚੇ ਸਾਹਿਬ ਜੋਗੁ॥੧॥ਰਹਾਉ॥		Than Man Saachae Saahib Jog ||1|| Rehaao ||	I am joined, body and mind, to my True Lord and Master. ||1||Pause||	ਮੈਂ ਆਪਣਾ ਤਨ ਆਪਣਾ ਮਨ ਸਦਾ ਕਾਇਮ ਰਹਿਣ ਵਾਲੇ ਮਾਲਕ-ਪ੍ਰਭੂ ਦੇ ਹਵਾਲੇ ਕਰ ਚੁਕੀ ਹਾਂ ॥੧॥ ਰਹਾਉ ॥
48276	1128	ਉਸਤਤਿ ਨਿੰਦਾ ਕਰੇ ਕਿਆ ਕੋਈ॥		Ousathath Nindhaa Karae Kiaa Koee ||	How can anyone praise or slander anyone else?	ਹੇ ਸਖੀ! (ਹੁਣ) ਕਿਸੇ ਦੀ ਕੀਤੀ ਉਸਤਤਿ ਜਾਂ ਨਿੰਦਾ ਦਾ ਹੁਣ ਮੇਰੇ ਉਤੇ ਕੋਈ ਅਸਰ ਨਹੀਂ ਪੈਂਦਾ।
48277	1128	ਜਾਂ ਆਪੇ ਵਰਤੈ ਏਕੋ ਸੋਈ॥੨॥		Jaan Aapae Varathai Eaeko Soee ||2||	The One Lord Himself is pervading and permeating all. ||2||	(ਮੈਨੂੰ ਨਿਸਚਾ ਹੋ ਗਿਆ ਕਿ) ਇਕ ਪਰਮਾਤਮਾ ਹੀ ਸਭ ਵਿਚ ਬੈਠਾ ਪ੍ਰੇਰਨਾ ਕਰ ਰਿਹਾ ਹੈ (ਉਸਤਤਿ ਕਰਨ ਵਾਲਿਆਂ ਵਿਚ ਭੀ ਉਹੀ, ਨਿੰਦਾ ਕਰਨ ਵਾਲਿਆਂ ਵਿਚ ਭੀ ਉਹੀ) ॥੨॥
48278	1128	ਗੁਰ ਪਰਸਾਦੀ ਪਿਰਮ ਕਸਾਈ॥		Gur Parasaadhee Piram Kasaaee ||	By Guru's Grace, I am attracted by His Love.	ਹੇ ਸਖੀ! ਗੁਰੂ ਦੀ ਕਿਰਪਾ ਨਾਲ (ਮੇਰੇ ਅੰਦਰ ਪ੍ਰਭੂ-ਪਤੀ ਵਾਸਤੇ) ਪਿਆਰ ਦੀ ਖਿੱਚ ਬਣ ਗਈ ਹੈ,
48279	1128	ਮਿਲਉਗੀ ਦਇਆਲ ਪੰਚ ਸਬਦ ਵਜਾਈ॥੩॥		Milougee Dhaeiaal Panch Sabadh Vajaaee ||3||	I shall meet with my Merciful Lord, and vibrate the Panch Shabad, the Five Primal Sounds. ||3||	ਹੁਣ ਮੈਂ ਉਸ ਦਇਆ ਦੇ ਸੋਮੇ ਪ੍ਰਭੂ ਨੂੰ ਪੂਰਨ ਖਿੜਾਉ-ਆਨੰਦ ਨਾਲ ਮਿਲਦੀ ਹਾਂ ॥੩॥
48280	1128	ਭਨਤਿ ਨਾਨਕੁ ਕਰੇ ਕਿਆ ਕੋਇ॥		Bhanath Naanak Karae Kiaa Koe ||	Prays Nanak, what can anyone do?	ਨਾਨਕ ਆਖਦਾ ਹੈ ਕਿ (ਹੇ ਸਖੀ!) ਕੋਈ ਭੀ ਹੋਰ ਜੀਵ ਉਸ ਦਾ ਕੁਝ ਵਿਗਾੜ ਨਹੀਂ ਸਕਦਾ,

48281	1128	ਜਿਸ ਨੋ ਆਪਿ ਮਿਲਾਵੈ ਸੋਇ॥੪॥੪॥		Jis No Aap Milaavai Soe ||4||4||	He alone meets with the Lord, whom the Lord Himself meets. ||4||4||	ਜਿਸ ਜੀਵ ਨੂੰ ਉਹ ਪ੍ਰਭੂ ਆਪ ਹੀ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ॥੪॥੪॥
48282	1128	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	
48283	1128	ਸੋ ਮੁਨਿ ਜਿ ਮਨ ਕੀ ਦੁਬਿਧਾ ਮਾਰੇ॥		So Mun J Man Kee Dhubidhhaa Maarae ||	He alone is a silent sage, who subdues his mind's duality.	ਅਸਲ ਮੋਨ-ਧਾਰੀ ਸਾਧੂ ਉਹ ਹੈ ਜਿਹੜਾ (ਆਪਣੇ) ਮਨ ਦੀ ਮੇਰ-ਤੇਰ ਮੁਕਾ ਦੇਂਦਾ ਹੈ,
48284	1128	ਦੁਬਿਧਾ ਮਾਰਿ ਬ੍ਰਹਮੁ ਬੀਚਾਰੇ॥੧॥		Dhubidhhaa Maar Breham Beechaarae ||1||	Subduing his duality, he contemplates God. ||1||	ਅਤੇ ਮੇਰ-ਤੇਰ ਮੁਕਾ ਕੇ (ਉਸ ਮੇਰ-ਤੇਰ ਦੇ ਥਾਂ) ਪਰਮਾਤਮਾ ਨੂੰ (ਆਪਣੇ) ਮਨ ਵਿਚ ਵਸਾਂਦਾ ਹੈ ॥੧॥
48285	1128	ਇਸੁ ਮਨ ਕਉ ਕੋਈ ਖੋਜਹੁ ਭਾਈ॥		Eis Man Ko Koee Khojahu Bhaaee ||	Let each person examine his own mind, O Siblings of Destiny.	ਹੇ ਭਾਈ! ਆਪਣੇ ਇਸ ਮਨ ਨੂੰ ਖੋਜਦੇ ਰਿਹਾ ਕਰੋ।
48286	1128	ਮਨੁ ਖੋਜਤ ਨਾਮੁ ਨਉ ਨਿਧਿ ਪਾਈ॥੧॥ਰਹਾਉ॥		Man Khojath Naam No Nidhh Paaee ||1|| Rehaao ||	Examine your mind, and you shall obtain the nine treasures of the Naam. ||1||Pause||	ਮਨ (ਦੀ ਦੌੜ-ਭੱਜ) ਦੀ ਪੜਤਾਲ ਕਰਦਿਆਂ ਪਰਮਾਤਮਾ ਦਾ ਨਾਮ ਮਿਲ ਜਾਂਦਾ ਹੈ, ਇਸ ਨਾਮ ਹੀ (ਮਾਨੋ) ਧਰਤੀ ਦੇ ਸਾਰੇ ਨੌ ਖ਼ਜ਼ਾਨੇ ਹੈ ॥੧॥ ਰਹਾਉ ॥
48287	1128	ਮੂਲੁ ਮੋਹੁ ਕਰਿ ਕਰਤੈ ਜਗਤੁ ਉਪਾਇਆ॥	ਜੱਗਤੁ	Mool Mohu Kar Karathai Jagath Oupaaeiaa ||	The Creator created the world, upon the foundation of worldly love and attachment.	(ਜਗਤ-ਰਚਨਾ ਦੇ) ਮੁੱਢ ਮੋਹ ਨੂੰ ਬਣਾ ਕੇ ਕਰਤਾਰ ਨੇ ਜਗਤ ਪੈਦਾ ਕੀਤਾ।

48288	1128	ਮਮਤਾ ਲਾਇ ਭਰਮਿ ਭੁਲਾਇਆ॥੨॥		Mamathaa Laae Bharam Bhuolaaeiaa ||2||	Attaching it to possessiveness, He has led it into confusion with doubt. ||2||	ਜੀਵਾਂ ਨੂੰ ਅਪਣੱਤ ਚੰਬੋੜ ਕੇ (ਮਾਇਆ ਦੀ ਖ਼ਾਤਰ) ਭਟਕਣਾ ਵਿਚ ਪਾ ਕੇ (ਉਸ ਨੇ ਆਪ ਹੀ) ਕੁਰਾਹੇ ਪਾ ਦਿੱਤਾ ॥੨॥
48289	1128	ਇਸੁ ਮਨ ਤੇ ਸਭ ਪਿੰਡ ਪਰਾਣਾ॥		Eis Man Thae Sabh Pindd Paraanaa ||	From this Mind come all bodies, and the breath of life.	ਇਹ ਮਨ (ਦੇ ਮੇਰ-ਤੇਰ ਅਪਣੱਤ ਆਦਿਕ ਦੇ ਸੰਸਕਾਰਾਂ) ਤੋਂ ਹੀ ਸਾਰਾ ਜਨਮ ਮਰਨ ਦਾ ਸਿਲਸਿਲਾ ਬਣਦਾ ਹੈ।
48290	1128	ਮਨ ਕੈ ਵੀਚਾਰਿ ਹੁਕਮੁ ਬੁਝਿ ਸਮਾਣਾ॥੩॥		Man Kai Veechaar Hukam Bujh Samaanaa ||3||	By mental contemplation, the mortal realizes the Hukam of the Lord's Command, and merges in Him. ||3||	ਮਨ ਦੇ (ਸੁਚੱਜੇ) ਵੀਚਾਰ ਦੀ ਰਾਹੀਂ ਪਰਮਾਤਮਾ ਦੀ ਰਜ਼ਾ ਨੂੰ ਸਮਝ ਕੇ ਜੀਵ ਪਰਮਾਤਮਾ ਵਿਚ ਲੀਨ ਹੋ ਜਾਂਦਾ ਹੈ ॥੩॥
48291	1129	ਕਰਮੁ ਹੋਵੈ ਗੁਰੁ ਕਿਰਪਾ ਕਰੈ॥		Karam Hovai Gur Kirapaa Karai ||	When the mortal has good karma, the Guru grants His Grace.	ਜਦੋਂ ਪਰਮਾਤਮਾ ਦੀ ਮਿਹਰ ਹੁੰਦੀ ਹੈ, ਗੁਰੂ (ਜੀਵ ਉੱਤੇ) ਕਿਰਪਾ ਕਰਦਾ ਹੈ,
48292	1129	ਇਹੁ ਮਨੁ ਜਾਗੈ ਇਸੁ ਮਨ ਕੀ ਦੁਬਿਧਾ ਮਰੈ॥੪॥		Eihu Man Jaagai Eis Man Kee Dhubidhhaa Marai ||4||	Then this mind is awakened, and the duality of this mind is subdued. ||4||	ਤਾਂ (ਜੀਵ ਦਾ) ਇਹ ਮਨ (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਜਾਗ ਪੈਂਦਾ ਹੈ, ਇਸ ਮਨ ਦੀ ਮੇਰ-ਤੇਰ ਮੁੱਕ ਜਾਂਦੀ ਹੈ ॥੪॥
48293	1129	ਮਨ ਕਾ ਸੁਭਾਉ ਸਦਾ ਬੈਰਾਗੀ॥		Man Kaa Subhaao Sadhaa Bairaagee ||	It is the innate nature of the mind to remain forever detached.	(ਜੀਵ ਦੇ) ਮਨ ਦਾ ਅਸਲਾ ਉਹ ਪ੍ਰਭੂ ਹੈ ਜੋ ਮਾਇਆ ਤੋਂ ਸਦਾ ਨਿਰਲੇਪ ਰਹਿੰਦਾ ਹੈ।

48294	1129	ਸਭ ਮਹਿ ਵਸੈ ਅਤੀਤੁ ਅਨਰਾਗੀ॥੫॥		Sabh Mehi Vasai Atheeth Anaraagee ||5||	The Detached, Dispassionate Lord dwells within all. ||5||	ਜੋ ਸਭ ਵਿਚ ਵੱਸਦਾ ਹੈ ਜੋ ਵਿਰਕਤ ਹੈ ਜੋ ਨਿਰਮੋਹ ਹੈ ॥੫॥
48295	1129	ਕਹਤ ਨਾਨਕੁ ਜੋ ਜਾਨੈ ਭੇਉ॥		Kehath Naanak Jo Jaanai Bhaeo ||	Says Nanak, one who understands this mystery,	ਨਾਨਕ ਆਖਦਾ ਹੈ ਕਿ ਜਿਹੜਾ ਮਨੁੱਖ (ਆਪਣੇ ਇਸ ਅਸਲੇ ਬਾਰੇ) ਇਹ ਭੇਤ ਸਮਝ ਲੈਂਦਾ ਹੈ,
48296	1129	ਆਦਿ ਪੁਰਖੁ ਨਿਰੰਜਨ ਦੇਉ॥੬॥੫॥		Aadh Purakh Niranjan Dhaeo ||6||5||	Becomes the embodiment of the Primal, Immaculate, Divine Lord God. ||6||5||	ਉਹ (ਪਰਮਾਤਮਾ ਦੀ ਯਾਦ ਵਿਚ ਜੁੜ ਕੇ ਪਰਮਾਤਮਾ ਦੇ ਨਾਮ ਦੀ ਬਰਕਤਿ ਨਾਲ ਆਪਣੇ ਅੰਦਰੋਂ ਮਮਤਾ ਦੀ ਦੁਬਿਧਾ ਆਦਿਕ ਨੂੰ ਮੁਕਾ ਕੇ) ਉਸ ਪਰਮਾਤਮਾ ਦਾ ਰੂਪ ਬਣ ਜਾਂਦਾ ਹੈ ਜੋ ਸਭ ਦਾ ਮੂੰਢ ਹੈ ਜੋ ਸਭ ਵਿਚ ਵਿਆਪਕ ਹੈ ਅਤੇ ਜੋ ਮਾਇਆ ਦੇ ਮੋਹ ਤੋਂ ਨਿਰਲੇਪ ਚਾਨਣ-ਰੂਪ ਹੈ ॥੬॥੫॥
48297	1129	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	
48298	1129	ਰਾਮ ਨਾਮੁ ਜਗਤ ਨਿਸਤਾਰਾ॥		Raam Naam Jagath Nisathaaraa ||	The world is saved through Name of the Lord.	ਪਰਮਾਤਮਾ ਦਾ ਨਾਮ ਦੁਨੀਆ ਦਾ ਪਾਰ-ਉਤਾਰਾ ਕਰਦਾ ਹੈ,
48299	1129	ਭਵਜਲੁ ਪਾਰਿ ਉਤਾਰਣਹਾਰਾ॥੧॥		Bhavajal Paar Outhaaranehaaraa ||1||	It carries the mortal across the terrifying world-ocean. ||1||	ਅਤੇ (ਜੀਵਾਂ ਨੂੰ) ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੀ ਸਮਰਥਾ ਰੱਖਣ ਵਾਲਾ ਹੈ ॥੧॥

48300	1129	ਗੁਰ ਪਰਸਾਦੀ ਹਰਿ ਨਾਮੁ ਸਮ੍ਹਾਲਿ॥		Gur Parasaadhee Har Naam Samhaal ||	By Guru's Grace, dwell upon the Lord's Name.	ਗੁਰੂ ਦੀ ਕਿਰਪਾ ਨਾਲ (ਗੁਰੂ ਦੀ ਕਿਰਪਾ ਦਾ ਪਾਤ੍ਰ ਬਣ ਕੇ) ਪਰਮਾਤਮਾ ਦਾ ਨਾਮ (ਆਪਣੇ ਹਿਰਦੇ ਵਿਚ) ਸੰਭਾਲ।
48301	1129	ਸਦ ਹੀ ਨਿਬਹੈ ਤੇਰੈ ਨਾਲਿ॥੧॥ਰਹਾਉ॥		Sadh Hee Nibehai Thaerai Naal ||1|| Rehaao ||	It shall stand by you forever. ||1||Pause||	ਇਹ ਹਰਿ-ਨਾਮ ਸਦਾ ਹੀ ਤੇਰੇ ਨਾਲ ਸਾਥ ਦੇਵੇਗਾ ॥੧॥ ਰਹਾਉ ॥
48302	1129	ਨਾਮੁ ਨ ਚੇਤਹਿ ਮਨਮੁਖ ਗਾਵਾਰਾ॥		Naam N Chaethehi Manamukh Gaavaaraa ||	The foolish self-willed manmukhs do not remember the Naam, the Name of the Lord.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮੂਰਖ ਮਨੁੱਖ ਪਰਮਾਤਮਾ ਦਾ ਨਾਮ ਨਹੀਂ ਸਿਮਰਦੇ।
48303	1129	ਬਿਨੁ ਨਾਵੈ ਕੈਸੇ ਪਾਵਹਿ ਪਾਰਾ॥੨॥		Bin Naavai Kaisae Paavehi Paaraa ||2||	Without the Name, how will they cross over? ||2||	ਨਾਮ ਤੋਂ ਬਿਨਾ ਉਹ ਕਿਸੇ ਤਰ੍ਹਾਂ ਭੀ (ਸੰਸਾਰ ਦੇ ਵਿਕਾਰਾਂ ਤੋਂ) ਪਾਰ ਨਹੀਂ ਲੰਘ ਸਕਦੇ ॥੨॥
48304	1129	ਆਪੇ ਦਾਤਿ ਕਰੇ ਦਾਤਾਰੁ॥		Aapae Dhaath Karae Dhaathaar ||	The Lord, the Great Giver, Himself gives His Gifts.	(ਪਰ, ਇਹ ਕਿਸੇ ਦੇ ਵੱਸ ਦੀ ਗੱਲ ਨਹੀਂ) ਨਾਮ ਦੀ ਬਖ਼ਸ਼ਸ਼ ਦਾਤਾਰ ਪ੍ਰਭੂ ਆਪ ਹੀ ਕਰਦਾ ਹੈ,

48305	1129	ਦੇਵਣਹਾਰੇ ਕਉ ਜੈਕਾਰੁ॥੩॥		Dhaevanehaarae Ko Jaikaar ||3||	Celebrate and praise the Great Giver! ||3||	(ਇਸ ਵਾਸਤੇ) ਦੇਣ ਦੀ ਸਮਰਥਾ ਵਾਲੇ ਪ੍ਰਭੂ ਦੇ ਅੱਗੇ ਹੀ ਸਿਰ ਨਿਵਾਉਣਾ ਚਾਹੀਦਾ ਹੈ (ਪ੍ਰਭੂ ਪਾਸੋਂ ਹੀ ਨਾਮ ਦੀ ਦਾਤ ਮੰਗਣੀ ਚਾਹੀਦੀ ਹੈ) ॥੩॥
48306	1129	ਨਦਰਿ ਕਰੇ ਸਤਿਗੁਰੂ ਮਿਲਾਏ॥		Nadhar Karae Sathiguroo Milaaeae ||	Granting His Grace, the Lord unites the mortals with the True Guru.	ਜਿਸ ਮਨੁੱਖ ਉਤੇ ਪ੍ਰਭੂ ਮਿਹਰ ਦੀ ਨਿਗਾਹ ਕਰਦਾ ਹੈ, ਉਸ ਨੂੰ ਗੁਰੂ ਮਿਲਾਂਦਾ ਹੈ।
48307	1129	ਨਾਨਕ ਹਿਰਦੈ ਨਾਮੁ ਵਸਾਏ॥੪॥੬॥		Naanak Hiradhai Naam Vasaaeae ||4||6||	O Nanak, the Naam is enshrined within the heart. ||4||6||	ਹੇ ਨਾਨਕ! ਉਹ ਮਨੁੱਖ ਆਪਣੇ ਹਿਰਦੇ ਵਿਚ ਪ੍ਰਭੂ ਦਾ ਨਾਮ ਵਸਾਂਦਾ ਹੈ ॥੪॥੬॥
48308	1129	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	
48309	1129	ਨਾਮੇ ਉਧਰੇ ਸਭਿ ਜਿਤਨੇ ਲੋਅ॥		Naamae Oudhharae Sabh Jithanae Loa ||	All people are saved through the Naam, the Name of the Lord.	ਚੌਦਾਂ ਭਵਨਾਂ ਦੇ ਜਿਤਨੇ ਭੀ ਜੀਵ ਹਨ, ਉਹ ਸਾਰੇ ਪਰਮਾਤਮਾ ਦੇ ਨਾਮ ਦੀ ਰਾਹੀਂ ਵਿਕਾਰਾਂ ਤੋਂ ਬਚਦੇ ਹਨ।
48310	1129	ਗੁਰਮੁਖਿ ਜਿਨਾ ਪਰਾਪਤਿ ਹੋਇ॥੧॥		Guramukh Jinaa Paraapath Hoe ||1||	Those who become Gurmukh are blessed to receive It. ||1||	ਜਿਨ੍ਹਾਂ ਮਨੁੱਖਾਂ ਨੂੰ ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਮਿਲ ਜਾਂਦਾ ਹੈ (ਉਹ ਵਿਕਾਰਾਂ ਤੋਂ ਬਚ ਜਾਂਦੇ ਹਨ) ॥੧॥
48311	1129	ਹਰਿ ਜੀਉ ਅਪਣੀ ਕ੍ਰਿਪਾ ਕਰੇਇ॥		Har Jeeo Apanee Kirapaa Karaee ||	When the Dear Lord showers His Mercy,	(ਜਿਸ ਮਨੁੱਖ ਉੱਤੇ) ਪਰਮਾਤਮਾ ਆਪਣੀ ਕਿਰਪਾ ਕਰਦਾ ਹੈ,

48312	1129	ਗੁਰਮੁਖਿ ਨਾਮੁ ਵਡਿਆਈ ਦੇਇ॥੧॥ਰਹਾਉ॥		Guramukh Naam Vaddiaaee Dhaee ||1|| Rehaao ||	He blesses the Gurmukh with the glorious greatness of the Naam. ||1||Pause||	ਉਸ ਨੂੰ ਗੁਰੂ ਦੀ ਸਰਨ ਪਾ ਕੇ (ਆਪਣਾ) ਨਾਮ ਦੇਂਦਾ ਹੈ (ਇਹੀ ਹੈ ਅਸਲ) ਇੱਜ਼ਤ ॥੧॥ ਰਹਾਉ ॥
48313	1129	ਰਾਮ ਨਾਮਿ ਜਿਨ ਪ੍ਰੀਤਿ ਪਿਆਰੁ॥		Raam Naam Jin Preeth Piaar ||	Those who love the Beloved Name of the Lord	ਪਰਮਾਤਮਾ ਦੇ ਨਾਮ ਵਿਚ ਜਿਨ੍ਹਾਂ ਮਨੁੱਖਾਂ ਦੀ ਪ੍ਰੀਤ ਹੈ ਜਿਨ੍ਹਾਂ ਦਾ ਪਿਆਰ ਹੈ,
48314	1129	ਆਪਿ ਉਧਰੇ ਸਭਿ ਕੁਲ ਉਧਾਰਣਹਾਰੁ ॥੨॥		Aap Oudhharae Sabh Kul Oudhhaaranehaar ||2||	Save themselves, and save all their ancestors. ||2||	ਉਹ ਆਪ ਵਿਕਾਰਾਂ ਤੋਂ ਬਚ ਗਏ। (ਉਹਨਾਂ ਵਿਚੋਂ ਹਰੇਕ ਆਪਣੀਆਂ) ਸਾਰੀਆਂ ਕੁਲਾਂ ਨੂੰ ਬਚਾਣ-ਜੋਗਾ ਹੋ ਗਿਆ ॥੨॥
48315	1129	ਬਿਨੁ ਨਾਵੈ ਮਨਮੁਖ ਜਮਪੁਰਿ ਜਾਹਿ॥		Bin Naavai Manamukh Jam Pur Jaahi ||	Without the Name, the self-willed manmukhs go to the City of Death.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਜਮਰਾਜ ਦੇ ਦੇਸ ਵਿਚ ਜਾਂਦੇ ਹਨ,
48316	1129	ਅਉਖੇ ਹੋਵਹਿ ਚੋਟਾ ਖਾਹਿ॥੩॥		Aoukhae Hovehi Chottaa Khaahi ||3||	They suffer in pain and endure beatings. ||3||	ਉਹ ਦੁਖੀ ਹੁੰਦੇ, (ਤੇ ਨਿੱਤ ਵਿਕਾਰਾਂ ਦੀਆਂ) ਸੱਟਾਂ ਸਹਾਰਦੇ ਹਨ ॥੩॥
48317	1129	ਆਪੇ ਕਰਤਾ ਦੇਵੈ ਸੋਇ॥		Aapae Karathaa Dhaevai Soe ||	When the Creator Himself gives,	ਜਿਸ ਮਨੁੱਖ ਨੂੰ ਕਰਤਾਰ ਆਪ ਹੀ (ਨਾਮ ਦੀ ਦਾਤਿ) ਦੇਂਦਾ ਹੈ,
48318	1129	ਨਾਨਕ ਨਾਮੁ ਪਰਾਪਤਿ ਹੋਇ॥੪॥੭॥		Naanak Naam Paraapath Hoe ||4||7||	O Nanak, then the mortals receive the Naam. ||4||7||	ਹੇ ਨਾਨਕ! (ਉਸ ਨੂੰ ਹੀ ਉਸ ਦਾ) ਨਾਮ ਮਿਲਦਾ ਹੈ ॥੪॥੭॥

48319	1129	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	
48320	1129	ਗੋਵਿੰਦ ਪ੍ਰੀਤਿ ਸਨਕਾਦਿਕ ਉਧਾਰੇ॥		Govindh Preeth Sanakaadhik Oudhhaarae ||	Love of the Lord of the Universe saved Sanak and his brother, the sons of Brahma.	ਸਨਕ, ਸਨੰਦਨ, ਸਨਤਾਨ, ਸਨਤਕੁਮਾਰ-ਬ੍ਰਹਮਾ ਦੇ ਇਹਨਾਂ ਚਾਰ ਪੁੱਤਰਾਂ- ਨੂੰ ਪਰਮਾਤਮਾ ਦੇ (ਚਰਨਾਂ ਦੇ) ਪਿਆਰ ਨੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦਿੱਤਾ,
48321	1129	ਰਾਮ ਨਾਮ ਸਬਦਿ ਬੀਚਾਰੇ॥੧॥		Raam Naam Sabadh Beechaarae ||1||	They contemplated the Word of the Shabad, and the Name of the Lord. ||1||	(ਕਿਉਂਕਿ) ਉਨ੍ਹਾਂ ਨੇ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੇ ਨਾਮ ਨੂੰ ਆਪਣੇ ਮਨ ਵਿਚ ਵਸਾਇਆ ॥੧॥
48322	1129	ਹਰਿ ਜੀਉ ਅਪਣੀ ਕਿਰਪਾ ਧਾਰੁ॥		Har Jeeo Apanee Kirapaa Dhhaar ||	O Dear Lord, please shower me with Your Mercy,	ਹੇ ਪ੍ਰਭੂ ਜੀ! (ਮੇਰੇ ਉਤੇ) ਆਪਣੀ ਕਿਰਪਾ ਕਰੀ ਰੱਖ,
48323	1129	ਗੁਰਮੁਖਿ ਨਾਮੇ ਲਗੈ ਪਿਆਰੁ॥੧॥ਰਹਾਉ ॥		Guramukh Naamae Lagai Piaar ||1|| Rehaao ||	That as Gurmukh, I may embrace love for Your Name. ||1||Pause||	ਤਾਂ ਕਿ ਗੁਰੂ ਦੀ ਸਰਨ ਪੈ ਕੇ (ਮੇਰਾ) ਪਿਆਰ (ਤੇਰੇ) ਨਾਮ ਵਿਚ ਹੀ ਬਣਿਆ ਰਹੇ ॥੧॥ ਰਹਾਉ ॥
48324	1129	ਅੰਤਰਿ ਪ੍ਰੀਤਿ ਭਗਤਿ ਸਾਚੀ ਹੋਇ॥		Anthar Preeth Bhagath Saachee Hoe ||	Whoever has true loving devotional worship deep within his being	ਜਿਸ ਮਨੁੱਖ ਦੇ ਅੰਦਰ ਪਰਮਾਤਮਾ ਦੀ ਸਦਾ ਕਾਇਮ ਰਹਿਣ ਵਾਲੀ ਪ੍ਰੀਤਿ-ਭਗਤੀ ਪੈਦਾ ਹੁੰਦੀ ਹੈ,

48325	1129	ਪੂਰੈ ਗੁਰਿ ਮੇਲਾਵਾ ਹੋਇ॥੨॥		Poorai Gur Maelaavaa Hoe ||2||	Meets the Lord, through the Perfect Guru. ||2||	ਪੂਰੇ ਗੁਰੂ ਦੀ ਰਾਹੀਂ ਉਸ ਦਾ ਪਰਮਾਤਮਾ ਨਾਲ ਮਿਲਾਪ ਹੋ ਜਾਂਦਾ ਹੈ ॥੨॥
48326	1129	ਨਿਜ ਘਰਿ ਵਸੈ ਸਹਜਿ ਸੁਭਾਇ॥		Nij Ghar Vasai Sehaj Subhaae ||	He naturally, intuitively dwells within the home of his own inner being.	ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ, ਪ੍ਰਭੂ-ਪਿਆਰ ਵਿਚ ਟਿਕ ਕੇ, ਪ੍ਰਭੂ ਦੀ ਹਜ਼ੂਰੀ ਵਿਚ ਨਿਵਾਸ ਕਰੀ ਰੱਖਦਾ ਹੈ,
48327	1129	ਗੁਰਮੁਖਿ ਨਾਮੁ ਵਸੈ ਮਨਿ ਆਇ॥੩॥		Guramukh Naam Vasai Man Aae ||3||	The Naam abides within the mind of the Gurmukh. ||3||	(ਜਿਸ ਮਨੁੱਖ ਦੇ) ਮਨ ਵਿਚ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਆ ਵੱਸਦਾ ਹੈ ॥੩॥
48328	1129	ਆਪੇ ਵੇਖੈ ਵੇਖਣਹਾਰੁ॥		Aapae Vaekhai Vaekhanehaar ||	The Lord, the Seer, Himself sees.	ਸਭ ਜੀਵਾਂ ਦੀ ਸੰਭਾਲ ਕਰਨ ਦੇ ਸਮਰੱਥ ਜਿਹੜਾ ਪ੍ਰਭੂ ਆਪ ਹੀ (ਸਭ ਦੀ) ਸੰਭਾਲ ਕਰ ਰਿਹਾ ਹੈ,
48329	1129	ਨਾਨਕ ਨਾਮੁ ਰਖਹੁ ਉਰ ਧਾਰਿ॥੪॥੮॥		Naanak Naam Rakhahu Our Dhhaar ||4||8||	O Nanak, enshrine the Naam within your heart. ||4||8||	ਹੇ ਨਾਨਕ! ਉਸ ਦਾ ਨਾਮ ਆਪਣੇ ਹਿਰਦੇ ਵਿਚ ਪ੍ਰੋ ਕੇ ਰੱਖ ॥੪॥੮॥
48330	1129	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	
48331	1129	ਕਲਜੁਗ ਮਹਿ ਰਾਮ ਨਾਮੁ ਉਰ ਧਾਰੁ॥		Kalajug Mehi Raam Naam Our Dhhaar ||	In this Dark Age of Kali Yuga, enshrine the Lord's Name within your heart.	ਇਸ ਵਿਕਾਰਾਂ-ਭਰੇ ਜਗਤ ਵਿਚ (ਵਿਕਾਰਾਂ ਤੋਂ ਬਚਣ ਲਈ) ਪਰਮਾਤਮਾ ਦਾ ਨਾਮ (ਆਪਣੇ) ਹਿਰਦੇ ਵਿਚ ਵਸਾਈ ਰੱਖ।

48332	1129	ਬਿਨੁ ਨਾਵੈ ਮਾਥੈ ਪਾਵੈ ਛਾਰੁ॥੧॥		Bin Naavai Maathhai Paavai Shhaar ||1||	Without the Name, ashes will be blown in your face. ||1||	(ਜਿਹੜਾ ਮਨੁੱਖ) ਨਾਮ ਤੋਂ ਖ਼ਾਲੀ (ਰਹਿੰਦਾ ਹੈ, ਉਹ ਲੋਕ ਪਰਲੋਕ ਦੀ) ਨਿਰਾਦਰੀ ਹੀ ਖੱਟਦਾ ਹੈ ॥੧॥
48333	1129	ਰਾਮ ਨਾਮੁ ਦੁਲਭੁ ਹੈ ਭਾਈ॥	ਦੁ-ਲਭੁ	Raam Naam Dhulabh Hai Bhaaee ||	The Lord's Name is so difficult to obtain, O Siblings of Destiny.	ਹੇ ਭਾਈ! (ਹੋਰ ਪਦਾਰਥਾਂ ਦੇ ਟਾਕਰੇ ਤੇ) ਪਰਮਾਤਮਾ ਦਾ ਨਾਮ ਬੜੀ ਮੁਸ਼ਕਿਲ ਨਾਲ ਮਿਲਦਾ ਹੈ।
48334	1129	ਗੁਰ ਪਰਸਾਦਿ ਵਸੈ ਮਨਿ ਆਈ॥੧॥ਰਹਾਉ॥		Gur Parasaadh Vasai Man Aaee ||1|| Rehaao ||	By Guru's Grace, it comes to dwell in the mind. ||1||Pause||	(ਇਹ ਤਾਂ) ਗੁਰੂ ਦੀ ਕਿਰਪਾ ਨਾਲ (ਕਿਸੇ ਭਾਗਾਂ ਵਾਲੇ ਦੇ) ਮਨ ਵਿਚ ਆ ਕੇ ਵੱਸਦਾ ਹੈ ॥੧॥ ਰਹਾਉ ॥
48335	1129	ਰਾਮ ਨਾਮੁ ਜਨ ਭਾਲਹਿ ਸੋਇ॥		Raam Naam Jan Bhaalehi Soe ||	That humble being who seeks the Lord's Name	ਸਿਰਫ਼ ਉਹ ਮਨੁੱਖ ਹੀ ਪਰਮਾਤਮਾ ਦਾ ਨਾਮ ਭਾਲਦੇ ਹਨ,
48336	1129	ਪੂਰੇ ਗੁਰ ਤੇ ਪ੍ਰਾਪਤਿ ਹੋਇ॥੨॥		Poorae Gur Thae Praapath Hoe ||2||	Receives it from the Perfect Guru. ||2||	ਪੂਰੇ ਗੁਰੂ ਪਾਸੋਂ (ਜਿਨ੍ਹਾਂ ਮਨੁੱਖਾਂ ਦੇ ਭਾਗਾਂ ਵਿਚ) ਹਰਿ-ਨਾਮ ਦੀ ਪ੍ਰਾਪਤੀ (ਲਿਖੀ ਹੋਈ ਹੈ) ॥੨॥
48337	1129	ਹਰਿ ਕਾ ਭਾਣਾ ਮੰਨਹਿ ਸੇ ਜਨ ਪਰਵਾਣੁ॥		Har Kaa Bhaanaa Mannehi Sae Jan Paravaan ||	Those humble beings who accept the Will of the Lord, are approved and accepted.	ਉਹ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ (ਮਿੱਠਾ ਕਰਕੇ) ਮੰਨਦੇ ਹਨ, ਉਹ ਮਨੁੱਖ (ਪਰਮਾਤਮਾ ਦੀ ਹਜ਼ੂਰੀ ਵਿਚ) ਸਤਕਾਰੇ ਜਾਂਦੇ ਹਨ,

48338	1129	ਗੁਰ ਕੈ ਸਬਦਿ ਨਾਮ ਨੀਸਾਣੁ॥੩॥		Gur Kai Sabadh Naam Neesaan ||3||	Through the Word of the Guru's Shabad, they bear the insignia of the Naam, the Name of the Lord. ||3||	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਜਿਨ੍ਹਾਂ ਮਨੁੱਖਾਂ ਨੂੰ) ਹਰਿ-ਨਾਮ (ਦੀ ਪਰਾਪਤੀ) ਦਾ ਪਰਵਾਨਾ (ਮਿਲ ਜਾਂਦਾ ਹੈ) ॥੩॥
48339	1129	ਸੋ ਸੇਵਹੁ ਜੋ ਕਲ ਰਹਿਆ ਧਾਰਿ॥		So Saevahu Jo Kal Rehiaa Dhhaar ||	So serve the One, whose power supports the Universe.	ਹੇ ਭਾਈ! ਉਸ (ਪਰਮਾਤਮਾ) ਦੀ ਸੇਵਾ-ਭਗਤੀ ਕਰੋ, ਗੁਰੂ ਦੀ ਰਾਹੀਂ ਉਸ ਦੇ ਨਾਮ ਨੂੰ ਪਿਆਰ ਕਰੋ,
48340	1129	ਨਾਨਕ ਗੁਰਮੁਖਿ ਨਾਮੁ ਪਿਆਰਿ॥੪॥੯॥		Naanak Guramukh Naam Piaar ||4||9||	O Nanak, the Gurmukh loves the Naam. ||4||9||	ਹੇ ਨਾਨਕ! ਜਿਹੜਾ ਪਰਮਾਤਮਾ ਸਾਰੀ ਸ੍ਰਿਸ਼ਟੀ ਦੀ ਮਰਯਾਦਾ ਨੂੰ ਆਪਣੀ ਸੱਤਿਆ ਨਾਲ ਤੋਰ ਰਿਹਾ ਹੈ ॥੪॥੯॥
48341	1129	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	
48342	1129	ਕਲਜੁਗ ਮਹਿ ਬਹੁ ਕਰਮ ਕਮਾਹਿ॥		Kalajug Mehi Bahu Karam Kamaahi ||	In this Dark Age of Kali Yuga, many rituals are performed.	ਜਿਹੜੇ (ਕਰਮ-ਕਾਂਡੀ ਲੋਕ) ਕਲਜੁਗ ਵਿਚ ਵਿਚ ਭੀ ਹੋਰ ਹੋਰ (ਮਿਥੇ ਧਾਰਮਿਕ) ਕਰਮ ਕਰਦੇ ਹਨ,
48343	1129	ਨਾ ਰੁਤਿ ਨ ਕਰਮ ਥਾਇ ਪਾਹਿ॥੧॥		Naa Ruth N Karam Thhaae Paahi ||1||	But it is not the time for them, and so they are of no use. ||1||	ਉਹਨਾਂ ਦੇ ਉਹ ਕਰਮ (ਪਰਮਾਤਮਾ ਦੀ ਹਜ਼ੂਰੀ ਵਿਚ) ਕਬੂਲ ਨਹੀਂ ਹੁੰਦੇ (ਕਿਉਂਕਿ ਸ਼ਾਸਤ੍ਰਾਂ ਅਨੁਸਾਰ ਭੀ ਸਿਮਰਨ ਤੋਂ ਬਿਨਾ ਹੋਰ ਕਿਸੇ ਕਰਮ ਦੀ ਹੁਣ) ਰੁੱਤ ਨਹੀਂ ਹੈ ॥੧॥

48344	1129	ਕਲਜੁਗ ਮਹਿ ਰਾਮ ਨਾਮੁ ਹੈ ਸਾਰੁ॥		Kalajug Mehi Raam Naam Hai Saar ||	In Kali Yuga, the Lord's Name is the most sublime.	(ਜੇ ਸ਼ਾਸਤਰਾਂ ਦੀ ਮਰਯਾਦਾ ਵਲ ਭੀ ਵੇਖੋ, ਤਾਂ ਭੀ) ਕਲਜੁਗ ਵਿਚ ਪਰਮਾਤਮਾ ਦਾ ਨਾਮ (ਜਪਣਾ ਹੀ) ਸ੍ਰੇਸ਼ਟ (ਕੰਮ) ਹੈ।
48345	1129	ਗੁਰਮੁਖਿ ਸਾਚਾ ਲਗੈ ਪਿਆਰੁ॥੧॥ਰਹਾਉ॥		Guramukh Saachaa Lagai Piaar ||1|| Rehaao ||	As Gurmukh, be lovingly attached to Truth. ||1||Pause||	ਗੁਰੂ ਦੀ ਸਰਨ ਪੈ ਕੇ (ਨਾਮ ਸਿਮਰਿਆਂ ਪਰਮਾਤਮਾ ਨਾਲ) ਸਦਾ ਕਾਇਮ ਰਹਿਣ ਵਾਲਾ ਪਿਆਰ ਬਣ ਜਾਂਦਾ ਹੈ ॥੧॥ ਰਹਾਉ ॥
48346	1129	ਤਨੁ ਮਨੁ ਖੋਜਿ ਘਰੈ ਮਹਿ ਪਾਇਆ॥		Than Man Khoj Gharai Mehi Paaeiaa ||	Searching my body and mind, I found Him within the home of my own heart.	ਉਸ ਮਨੁੱਖ ਨੇ ਆਪਣਾ ਤਨ ਆਪਣਾ ਮਨ ਖੋਜ ਕੇ ਹਿਰਦੇ-ਘਰ ਵਿਚ ਹੀ ਪ੍ਰਭੂ ਨੂੰ ਲੱਭ ਲਿਆ,
48347	1129	ਗੁਰਮੁਖਿ ਰਾਮ ਨਾਮਿ ਚਿਤੁ ਲਾਇਆ॥੨॥		Guramukh Raam Naam Chith Laaeiaa ||2||	The Gurmukh centers his consciousness on the Lord's Name. ||2||	ਜਿਸ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਵਿਚ ਚਿੱਤ ਜੋੜਿਆ ॥੨॥
48348	1130	ਗਿਆਨ ਅੰਜਨੁ ਸਤਿਗੁਰ ਤੇ ਹੋਇ॥		Giaan Anjan Sathigur Thae Hoe ||	The ointment of spiritual wisdom is obtained from the True Guru.	ਆਤਮਕ ਜੀਵਨ ਦੀ ਸੂਝ ਦੇਣ ਵਾਲਾ ਸੁਰਮਾ ਜਿਸ ਮਨੁੱਖ ਨੂੰ ਗੁਰੂ ਪਾਸੋਂ ਮਿਲ ਗਿਆ,
48349	1130	ਰਾਮ ਨਾਮੁ ਰਵਿ ਰਹਿਆ ਤਿਹੁ ਲੋਇ॥੩॥		Raam Naam Rav Rehiaa Thihu Loe ||3||	The Lord's Name is pervading the three worlds. ||3||	ਉਸ ਨੂੰ ਸਾਰੇ ਜਗਤ ਵਿਚ ਪਰਮਾਤਮਾ ਦਾ ਨਾਮ ਹੀ ਵਿਆਪਕ ਦਿੱਸਦਾ ਹੈ ॥੩॥

48350	1130	ਕਲਿਜੁਗ ਮਹਿ ਹਰਿ ਜੀਉ ਏਕੁ ਹੋਰ ਰੁਤਿ ਨ ਕਾਈ॥		Kalijug Mehi Har Jeeo Eaek Hor Ruth N Kaaee ||	In Kali Yuga, it is the time for the One Dear Lord; it is not the time for anything else.	(ਸ਼ਾਸਤ੍ਰਾਂ ਅਨੁਸਾਰ ਭੀ) ਕਲਜੁਗ ਵਿਚ ਸਿਰਫ਼ ਹਰਿ-ਨਾਮ ਸਿਮਰਨ ਦੀ ਹੀ ਰੁੱਤ ਹੈ, ਕਿਸੇ ਹੋਰ ਕਰਮ ਕਾਂਡ ਦੇ ਕਰਨ ਦੀ ਰੁੱਤ ਨਹੀਂ।
48351	1130	ਨਾਨਕ ਗੁਰਮੁਖਿ ਹਿਰਦੈ ਰਾਮ ਨਾਮੁ ਲੇਹੁ ਜਮਾਈ॥੪॥੧੦॥		Naanak Guramukh Hiradhai Raam Naam Laehu Jamaaee ||4||10||	O Nanak, as Gurmukh, let the Lord's Name grow within your heart. ||4||10||	(ਤਾਂ ਤੇ) ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਆਪਣੇ ਹਿਰਦੇ ਵਿਚ ਪਰਮਾਤਮਾ ਦੇ ਨਾਮ ਦਾ ਬੀਜ ਬੀਜ ਲਵੇ ॥੪॥੧੦॥
48352	1130	ਭੈਰਉ ਮਹਲਾ ੩ ਘਰੁ ੨		Bhairo Mehalaa 3 Ghar 2	Bhairao, Third Mehl, Second House:	ਰਾਗ ਭੈਰਉ, ਘਰ ੨ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।
48353	1130	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
48354	1130	ਦੁਬਿਧਾ ਮਨਮੁਖ ਰੋਗਿ ਵਿਆਪੇ ਤ੍ਰਿਸਨਾ ਜਲਹਿ ਅਧਿਕਾਈ॥		Dhubidhhaa Manamukh Rog Viaapae Thrisanaa Jalehi Adhhikaaee ||	The self-willed manmukhs are afflicted with the disease of duality; they are burnt by the intense fire of desire.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਵਿਤਕਰੇ ਦੇ ਆਤਮਕ ਰੋਗ ਵਿਚ ਜਕੜੇ ਪਏ ਹਨ, ਮਾਇਆ ਦੇ ਲਾਲਚ ਦੀ ਅੱਗ ਵਿਚ ਬਹੁਤ ਸੜਦੇ ਹਨ।

48355	1130	ਮਰਿ ਮਰਿ ਜੰਮਹਿ ਠਉਰ ਨ ਪਾਵਹਿ ਬਿਰਥਾ ਜਨਮੁ ਗਵਾਈ॥੧॥		Mar Mar Janmehi Thour N Paavehi Birathhaa Janam Gavaaee ||1||	They die and die again, and are reborn; they find no place of rest. They waste their lives uselessly. ||1||	(ਇਸ ਤਰ੍ਹਾਂ ਹੀ ਆਪਣਾ ਕੀਮਤੀ) ਜਨਮ ਵਿਅਰਥ ਗਵਾ ਕੇ ਜੰਮਣ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ, ਇਸ ਗੇੜ ਵਿਚੋਂ ਉਹਨਾਂ ਨੂੰ ਖੁਲ੍ਹੀਰ ਨਹੀਂ ਮਿਲਦੀ ॥੧॥
48356	1130	ਮੇਰੇ ਪ੍ਰੀਤਮ ਕਰਿ ਕਿਰਪਾ ਦੇਹੁ ਬੁਝਾਈ॥	ਬੁੱਝਾਈ	Maerae Preetham Kar Kirapaa Dhaehu Bujhaaee ||	O my Beloved, grant Your Grace, and give me understanding.	ਹੇ ਮੇਰੇ ਪ੍ਰੀਤਮ ਪ੍ਰਭੂ! (ਮੇਰੇ ਉਤੇ) ਮਿਹਰ ਕਰ, (ਮੈਨੂੰ ਆਤਮਕ ਜੀਵਨ ਦੀ) ਸੂਝ ਬਖ਼ਸ਼।
48357	1130	ਹਉਮੈ ਰੋਗੀ ਜਗਤੁ ਉਪਾਇਆ ਬਿਨੁ ਸਬਦੈ ਰੋਗੁ ਨ ਜਾਈ॥੧॥ਰਹਾਉ॥	ਜੱਗਤੁ	Houmai Rogee Jagath Oupaaeiaa Bin Sabadhai Rog N Jaaee ||1|| Rehaao ||	The world was created in the disease of egotism; without the Word of the Shabad, the disease is not cured. ||1||Pause||	ਹੇ ਪ੍ਰਭੂ! ਹਉਮੈ ਨੇ ਸਾਰੇ ਜਗਤ ਨੂੰ (ਆਤਮਕ ਤੌਰ ਤੇ) ਰੋਗੀ ਬਣਾ ਰੱਖਿਆ ਹੈ। ਇਹ ਰੋਗ ਗੁਰੂ ਦੇ ਸ਼ਬਦ ਤੋਂ ਬਿਨਾ ਦੂਰ ਨਹੀਂ ਹੋ ਸਕਦਾ ॥੧॥ ਰਹਾਉ ॥
48358	1130	ਸਿੰਮ੍ਰਿਤਿ ਸਾਸਤ੍ਰ ਪੜਹਿ ਮੁਨਿ ਕੇਤੇ ਬਿਨੁ ਸਬਦੈ ਸੁਰਤਿ ਨ ਪਾਈ॥	ਸਿੰਮ੍ਰਿਤਿ	Sinmrith Saasathr Parrehi Mun Kaethae Bin Sabadhai Surath N Paaee ||	There are so many silent sages, who read the Simritees and the Shaastras; without the Shabad, they have no clear awareness.	ਅਨੇਕਾਂ ਮੁਨੀ ਲੋਕ ਸਿਮ੍ਰਿਤੀਆਂ ਪੜ੍ਹਦੇ ਹਨ ਸ਼ਾਸਤ੍ਰ ਭੀ ਪੜ੍ਹਦੇ ਹਨ, ਪਰ ਗੁਰੂ ਦੇ ਸ਼ਬਦ ਤੋਂ ਬਿਨਾ ਆਤਮਕ ਜੀਵਨ ਦੀ ਸੂਝ ਕਿਸੇ ਨੂੰ ਪ੍ਰਾਪਤ ਨਹੀਂ ਹੁੰਦੀ।

48359	1130	ਤ੍ਰੈ ਗੁਣ ਸਭੇ ਰੋਗਿ ਵਿਆਪੇ ਮਮਤਾ ਸੁਰਤਿ ਗਵਾਈ॥੨॥		Thrai Gun Sabhae Rog Viaapae Mamathaa Surath Gavaaee ||2||	All those under the influence of the three qualities are afflicted with the disease; through possessiveness, they lose their awareness. ||2||	ਸਾਰੇ ਹੀ ਤ੍ਰੈ-ਗੁਣੀ ਜੀਵ ਹਉਮੈ ਦੇ ਰੋਗ ਵਿਚ ਫਸੇ ਪਏ ਹਨ, ਮਮਤਾ ਨੇ ਉਹਨਾਂ ਦੀ ਹੋਸ਼ ਭੁਲਾ ਰੱਖੀ ਹੈ ॥੨॥
48360	1130	ਇਕਿ ਆਪੇ ਕਾਢਿ ਲਏ ਪ੍ਰਭਿ ਆਪੇ ਗੁਰ ਸੇਵਾ ਪ੍ਰਭਿ ਲਾਏ॥		Eik Aapae Kaadt Leae Prabh Aapae Gur Saevaa Prabh Laaeae ||	O God, you save some, and you enjoin others to serve the Guru.	ਪਰ, ਕਈ ਐਸੇ (ਭਾਗਾਂ ਵਾਲੇ) ਹਨ ਜਿਨ੍ਹਾਂ ਨੂੰ ਪ੍ਰਭੂ ਨੇ ਆਪ ਹੀ (ਮਮਤਾ ਵਿਚੋਂ) ਬਚਾ ਰੱਖਿਆ ਹੈ, ਪ੍ਰਭੂ ਨੇ ਉਹਨਾਂ ਨੂੰ ਗੁਰੂ ਦੀ ਸੇਵਾ ਵਿਚ ਲਾ ਰੱਖਿਆ ਹੈ।
48361	1130	ਹਰਿ ਕਾ ਨਾਮੁ ਨਿਧਾਨੋ ਪਾਇਆ ਸੁਖੁ ਵਸਿਆ ਮਨਿ ਆਇ॥੩॥		Har Kaa Naam Nidhhaano Paaeiaa Sukh Vasiaa Man Aae ||3||	They obtain the treasure of the Name of the Lord; peace comes to abide within their minds. ||3||	ਉਹਨਾਂ ਪਰਮਾਤਮਾ ਦਾ ਨਾਮ-ਖ਼ਜ਼ਾਨਾ ਲੱਭ ਲਿਆ ਹੈ, (ਇਸ ਵਾਸਤੇ ਉਹਨਾਂ ਦੇ) ਮਨ ਵਿਚ ਆਤਮਕ ਆਨੰਦ ਆ ਵੱਸਿਆ ਹੈ ॥੩॥
48362	1130	ਚਉਥੀ ਪਦਵੀ ਗੁਰਮੁਖਿ ਵਰਤਹਿ ਤਿਨ ਨਿਜ ਘਰਿ ਵਾਸਾ ਪਾਇਆ॥		Chouthhee Padhavee Guramukh Varathehi Thin Nij Ghar Vaasaa Paaeiaa ||	The Gurmukhs dwell in the fourth state; they obtain a dwelling in the home of their own inner being.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਤਿੰਨਾਂ ਗੁਣਾਂ ਦੇ ਅਸਰ ਤੋਂ ਉਤਲੇ ਆਤਮਕ ਮੰਡਲ ਵਿਚ ਰਹਿ ਕੇ ਜਗਤ ਨਾਲ ਵਰਤਣ-ਵਿਹਾਰ ਰੱਖਦੇ ਹਨ। ਉਹ ਸਦਾ ਪ੍ਰਭੂ-ਚਰਨਾਂ ਵਿਚ ਟਿਕੇ ਰਹਿੰਦੇ ਹਨ।

48363	1130	ਪੂਰੈ ਸਤਿਗੁਰਿ ਕਿਰਪਾ ਕੀਨੀ ਵਿਚਹੁ ਆਪੁ ਗਵਾਇਆ॥੪॥		Poorai Sathigur Kirapaa Keenee Vichahu Aap Gavaaeiaa ||4||	The Perfect True Guru shows His Mercy to them; they eradicate their self-conceit from within. ||4||	ਪੂਰੇ ਗੁਰੂ ਨੇ ਉਹਨਾਂ ਉਤੇ ਮਿਹਰ ਕੀਤੀ ਹੋਈ ਹੈ, (ਇਸ ਵਾਸਤੇ ਉਹਨਾਂ ਨੇ ਆਪਣੇ) ਅੰਦਰੋਂ ਆਪਾ-ਭਾਵ ਦੂਰ ਕਰ ਲਿਆ ਹੈ ॥੪॥
48364	1130	ਏਕਸੁ ਕੀ ਸਿਰਿਕਾਰ ਏਕ ਜਿਨਿ ਬ੍ਰਹਮਾ ਬਿਸਨੁ ਰੁਦ੍ਰੁ ਉਪਾਇਆ॥	(ਸਿਰਿਕਾਰ) ਪਾਤਿਸਾਹੀ	Eaekas Kee Sir Kaar Eaek Jin Brehamaa Bisan Rudhra Oupaaeiaa ||	Everyone must serve the One Lord, who created Brahma, Vishnu and Shiva.	(ਪਰ, ਜੀਵਾਂ ਦੇ ਕੀਹ ਵੱਸ?) ਜਿਸ ਪਰਮਾਤਮਾ ਨੇ ਬ੍ਰਹਮਾ ਵਿਸ਼ਨੂ ਸ਼ਿਵ (ਵਰਗੇ ਵੱਡੇ ਵੱਡੇ ਦੇਵਤੇ) ਪੈਦਾ ਕੀਤੇ, ਉਸੇ ਦਾ ਹੀ ਹੁਕਮ ਹਰੇਕ ਜੀਵ ਦੇ ਸਿਰ ਉੱਤੇ ਚੱਲ ਰਿਹਾ ਹੈ।
48365	1130	ਨਾਨਕ ਨਿਹਚਲੁ ਸਾਚਾ ਏਕੋ ਨਾ ਓਹੁ ਮਰੈ ਨ ਜਾਇਆ॥੫॥੧॥੧੧॥		Naanak Nihachal Saachaa Eaeko Naa Ouhu Marai N Jaaeiaa ||5||1||11||	O Nanak, the One True Lord is permanent and stable. He does not die, and He is not born. ||5||1||11||	ਹੇ ਨਾਨਕ! ਸਦਾ ਕਾਇਮ ਰਹਿਣ ਵਾਲਾ ਸਦਾ ਅਟੱਲ ਰਹਿਣ ਵਾਲਾ ਇਕ ਪਰਮਾਤਮਾ ਹੀ ਹੈ, ਉਹ ਨਾਹ ਕਦੇ ਮਰਦਾ ਹੈ ਨਾਹ ਜੰਮਦਾ ਹੈ ॥੫॥੧॥੧੧॥
48366	1130	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	
48367	1130	ਮਨਮੁਖਿ ਦੁਬਿਧਾ ਸਦਾ ਹੈ ਰੋਗੀ ਰੋਗੀ ਸਗਲ ਸੰਸਾਰਾ॥		Manamukh Dhubidhhaa Sadhaa Hai Rogee Rogee Sagal Sansaaraa ||	The self-willed manmukh is afflicted with the disease of duality forever; the entire universe is diseased.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਸਦਾ ਮੇਰ-ਤੇਰ ਦੇ ਰੋਗ ਵਿਚ ਫਸਿਆ ਰਹਿੰਦਾ ਹੈ, (ਮਨ ਦਾ ਮੁਰੀਦ) ਸਾਰਾ ਜਗਤ ਹੀ ਇਸ ਰੋਗ ਦਾ ਸ਼ਿਕਾਰ ਹੋਇਆ ਰਹਿੰਦਾ ਹੈ।

48368	1130	ਗੁਰਮੁਖਿ ਬੂਝਹਿ ਰੋਗੁ ਗਵਾਵਹਿ ਗੁਰ ਸਬਦੀ ਵੀਚਾਰਾ॥੧॥		Guramukh Boojhehi Rog Gavaavehi Gur Sabadhee Veechaaraa ||1||	The Gurmukh understands, and is cured of the disease, contemplating the Word of the Guru's Shabad. ||1||	ਪਰ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ (ਸਹੀ ਜੀਵਨ-ਜੁਗਤਿ ਨੂੰ) ਸਮਝ ਲੈਂਦੇ ਹਨ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਵਿਚਾਰ ਕਰ ਕੇ ਉਹ (ਇਹ) ਰੋਗ (ਆਪਣੇ ਅੰਦਰੋਂ) ਦੂਰ ਕਰ ਲੈਂਦੇ ਹਨ ॥੧॥
48369	1130	ਹਰਿ ਜੀਉ ਸਤਸੰਗਤਿ ਮੇਲਾਇ॥		Har Jeeo Sathasangath Maelaae ||	O Dear Lord, please let me join the Sat Sangat, the True Congregation.	ਹੇ ਪ੍ਰਭੂ ਜੀ! (ਮੈਨੂੰ) ਸਾਧ ਸੰਗਤ ਦਾ ਮੇਲ ਮਿਲਾ।
48370	1130	ਨਾਨਕ ਤਿਸ ਨੋ ਦੇਇ ਵਡਿਆਈ ਜੋ ਰਾਮ ਨਾਮਿ ਚਿਤੁ ਲਾਇ॥੧॥ਰਹਾਉ॥		Naanak This No Dhaee Vaddiaaee Jo Raam Naam Chith Laae ||1|| Rehaao ||	O Nanak, the Lord blesses with glorious greatness, those who focus their consciousness on the Lord's Name. ||1||Pause||	ਹੇ ਨਾਨਕ! ਜਿਹੜਾ ਮਨੁੱਖ (ਸਾਧ ਸੰਗਤ ਵਿਚ ਮਿਲ ਕੇ) ਪਰਮਾਤਮਾ ਦੇ ਨਾਮ ਵਿਚ (ਆਪਣਾ) ਚਿੱਤ ਜੋੜਦਾ ਹੈ (ਪਰਮਾਤਮਾ) ਉਸ ਨੂੰ (ਲੋਕ ਪਰਲੋਕ ਦੀ) ਇੱਜ਼ਤ ਬਖ਼ਸ਼ਦਾ ਹੈ ॥੧॥ ਰਹਾਉ ॥
48371	1130	ਮਮਤਾ ਕਾਲਿ ਸਭਿ ਰੋਗਿ ਵਿਆਪੇ ਤਿਨ ਜਮ ਕੀ ਹੈ ਸਿਰਿ ਕਾਰਾ॥		Mamathaa Kaal Sabh Rog Viaapae Thin Jam Kee Hai Sir Kaaraa ||	Death takes all those who are afflicted with the disease of possessiveness. They are subject to the Messenger of Death.	ਮਮਤਾ ਵਿਚ ਫਸੇ ਹੋਏ ਜੀਵ ਸਾਰੇ ਆਤਮਕ ਮੌਤ ਦੇ ਰੋਗ ਵਿਚ ਫਸੇ ਰਹਿੰਦੇ ਹਨ, ਉਹਨਾਂ ਦੇ ਸਿਰ ਉਤੇ (ਮਾਨੋ) ਜਮਰਾਜ ਦਾ ਹੁਕਮ ਚੱਲ ਰਿਹਾ ਹੈ।

48372	1130	ਗੁਰਮੁਖਿ ਪ੍ਰਾਣੀ ਜਮੁ ਨੇੜਿ ਨ ਆਵੈ ਜਿਨ ਹਰਿ ਰਾਖਿਆ ਉਰਿ ਧਾਰਾ॥੨॥		Guramukh Praanee Jam Naerr N Aavai Jin Har Raakhiaa Our Dhhaaraa ||2||	The Messenger of Death does not even approach that mortal who, as Gurmukh, enshrines the Lord within his heart. ||2||	ਪਰ ਗੁਰੂ ਦੇ ਸਨਮੁਖ ਰਹਿਣ ਵਾਲੇ ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ (ਦੀ ਯਾਦ) ਨੂੰ ਆਪਣੇ ਹਿਰਦੇ ਵਿਚ ਵਸਾ ਰੱਖਿਆ ਹੈ, ਜਮਰਾਜ ਉਹਨਾਂ ਦੇ ਨੇੜੇ ਨਹੀਂ ਢੁਕਦਾ ॥੨॥
48373	1130	ਜਿਨ ਹਰਿ ਕਾ ਨਾਮੁ ਨ ਗੁਰਮੁਖਿ ਜਾਤਾ ਸੇ ਜਗ ਮਹਿ ਕਾਹੇ ਆਇਆ॥		Jin Har Kaa Naam N Guramukh Jaathaa Sae Jag Mehi Kaahae Aaeiaa ||	One who does not know the Lord's Name, and who does not become Gurmukh - why did he even come into the world?	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਨਾਲ ਸਾਂਝ ਨਹੀਂ ਪਾਈ, ਉਹਨਾਂ ਦਾ ਜਗਤ ਵਿਚ ਆਉਣਾ ਵਿਅਰਥ ਚਲਾ ਜਾਂਦਾ ਹੈ।
48374	1130	ਗੁਰ ਕੀ ਸੇਵਾ ਕਦੇ ਨ ਕੀਨੀ ਬਿਰਥਾ ਜਨਮੁ ਗਵਾਇਆ॥੩॥		Gur Kee Saevaa Kadhae N Keenee Birathhaa Janam Gavaaeiaa ||3||	He never serves the Guru; he wastes his life uselessly. ||3||	ਜਿਨ੍ਹਾਂ ਨੇ ਕਦੇ ਭੀ ਗੁਰੂ ਦੀ ਸੇਵਾ ਨਹੀਂ ਕੀਤੀ, ਉਹਨਾਂ ਨੇ ਜੀਵਨ ਅਜਾਈਂ ਹੀ ਗਵਾ ਲਿਆ ॥੩॥
48375	1130	ਨਾਨਕ ਸੇ ਪੂਰੇ ਵਡਭਾਗੀ ਸਤਿਗੁਰ ਸੇਵਾ ਲਾਏ॥		Naanak Sae Poorae Vaddabhaagee Sathigur Saevaa Laaeae ||	O Nanak, those whom the True Guru enjoins to His service, have perfect good fortune.	ਹੇ ਨਾਨਕ! ਉਹ ਮਨੁੱਖ (ਗੁਣਾਂ ਦੇ) ਪੂਰੇ (ਭਾਂਡੇ) ਹਨ, ਵੱਡੇ ਭਾਗਾਂ ਵਾਲੇ ਹਨ, ਜਿਨ੍ਹਾਂ ਨੂੰ (ਪਰਮਾਤਮਾ ਨੇ) ਗੁਰੂ ਦੀ ਸੇਵਾ ਵਿਚ ਜੋੜ ਦਿੱਤਾ ਹੈ।

48376	1130	ਜੋ ਇਛਹਿ ਸੋਈ ਫਲੁ ਪਾਵਹਿ ਗੁਰਬਾਣੀ ਸੁਖੁ ਪਾਏ ॥੪॥੨॥੧੨॥		Jo Eishhehi Soee Fal Paavehi Gurabaanee Sukh Paaeae ||4||2||12||	They obtain the fruits of their desires, and find peace in the Word of the Guru's Bani. ||4||2||12||	ਉਹ ਮਨੁੱਖ (ਪਰਮਾਤਮਾ ਪਾਸੋਂ) ਜੋ ਕੁਝ ਮੰਗਦੇ ਹਨ ਉਹੀ ਪ੍ਰਾਪਤ ਕਰ ਲੈਂਦੇ ਹਨ। ਜਿਹੜਾ ਭੀ ਮਨੁੱਖ ਗੁਰੂ ਦੀ ਬਾਣੀ ਦਾ ਆਸਰਾ ਲੈਂਦਾ ਹੈ, ਉਹ ਆਤਮਕ ਆਨੰਦ ਮਾਣਦਾ ਹੈ ॥੪॥੨॥੧੨॥
48377	1130	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	
48378	1130	ਦੁਖ ਵਿਚਿ ਜੰਮੈ ਦੁਖਿ ਮਰੈ ਦੁਖ ਵਿਚਿ ਕਾਰ ਕਮਾਇ॥		Dhukh Vich Janmai Dhukh Marai Dhukh Vich Kaar Kamaae ||	In pain he is born, in pain he dies, and in pain he does his deeds.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਦੁਖ ਵਿਚ ਜੰਮਦਾ ਹੈ ਦੁਖ ਵਿਚ ਮਰਦਾ ਹੈ ਦੁਖ ਵਿਚ (ਸਾਰੀ ਉਮਰ) ਕਾਰ-ਵਿਹਾਰ ਕਰਦਾ ਹੈ।
48379	1130	ਗਰਭ ਜੋਨੀ ਵਿਚਿ ਕਦੇ ਨ ਨਿਕਲੈ ਬਿਸਟਾ ਮਾਹਿ ਸਮਾਇ॥੧॥		Garabh Jonee Vich Kadhae N Nikalai Bisattaa Maahi Samaae ||1||	He is never released from the womb of reincarnation; he rots away in manure. ||1||	ਉਹ ਸਦਾ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ, (ਜਦ ਤਕ ਉਹ ਮਨ ਦਾ ਮੁਰੀਦ ਹੈ ਤਦ ਤਕ) ਕਦੇ ਭੀ ਉਹ (ਇਸ ਗੇੜ ਵਿਚੋਂ) ਨਿਕਲ ਨਹੀਂ ਸਕਦਾ (ਕਿਉਂਕਿ ਉਹ) ਸਦਾ ਵਿਕਾਰਾਂ ਦੇ ਗੰਦ ਵਿਚ ਜੁੜਿਆ ਰਹਿੰਦਾ ਹੈ ॥੧॥
48380	1130	ਧ੍ਰਿਗੁ ਧ੍ਰਿਗੁ ਮਨਮੁਖਿ ਜਨਮੁ ਗਵਾਇਆ॥		Dhhrig Dhhrig Manamukh Janam Gavaaeiaa ||	Cursed, cursed is the self-willed manmukh, who wastes his life away.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਆਪਣਾ ਜੀਵਨ ਗਵਾ ਲੈਂਦਾ ਹੈ, ਉਸ ਨੂੰ (ਲੋਕ ਪਰਲੋਕ ਵਿਚ) ਫਿਟਕਾਰਾਂ ਹੀ ਪੈਂਦੀਆਂ ਹਨ।

48381	1130	ਪੂਰੇ ਗੁਰ ਕੀ ਸੇਵ ਨ ਕੀਨੀ ਹਰਿ ਕਾ ਨਾਮੁ ਨ ਭਾਇਆ॥੧॥ਰਹਾਉ ॥		Poorae Gur Kee Saev N Keenee Har Kaa Naam N Bhaaeiaa ||1|| Rehaao ||	He does not serve the Perfect Guru; he does not love the Name of the Lord. ||1||Pause||	(ਉਸ ਨੇ ਸਾਰੀ ਉਮਰ) ਨਾਹ ਪੂਰੇ ਗੁਰੂ ਦਾ ਆਸਰਾ ਲਿਆ ਅਤੇ ਨਾਹ ਹੀ ਪਰਮਾਤਮਾ ਦਾ ਨਾਮ ਉਸ ਨੂੰ ਪਿਆਰਾ ਲੱਗਾ ॥੧॥ ਰਹਾਉ ॥
48382	1130	ਗੁਰ ਕਾ ਸਬਦੁ ਸਭਿ ਰੋਗ ਗਵਾਏ ਜਿਸ ਨੋ ਹਰਿ ਜੀਉ ਲਾਏ॥		Gur Kaa Sabadh Sabh Rog Gavaaeae Jis No Har Jeeo Laaeae ||	The Word of the Guru's Shabad cures all diseases; he alone is attached to it, whom the Dear Lord attaches.	ਗੁਰੂ ਦਾ ਸ਼ਬਦ ਸਾਰੇ ਰੋਗ ਦੂਰ ਕਰ ਦੇਂਦਾ ਹੈ, (ਪਰ ਗੁਰ-ਸ਼ਬਦ ਵਿਚ ਉਹੀ ਜੁੜਦਾ ਹੈ) ਜਿਸ ਨੂੰ ਪਰਮਾਤਮਾ (ਸਬਦ ਦੀ ਲਗਨ) ਲਾਂਦਾ ਹੈ।
48383	1131	ਨਾਮੇ ਨਾਮਿ ਮਿਲੈ ਵਡਿਆਈ ਜਿਸ ਨੋ ਮੰਨਿ ਵਸਾਏ॥੨॥		Naamae Naam Milai Vaddiaaee Jis No Mann Vasaaeae ||2||	Through the Naam, glorious greatness is obtained; he alone obtains it, whose mind is filled with the Lord. ||2||	ਜਿਸ ਮਨੁੱਖ ਨੂੰ (ਸ਼ਬਦ ਦੀ ਲਗਨ ਲਾ ਕੇ ਉਸ ਦੇ) ਮਨ ਵਿਚ (ਆਪਣਾ ਨਾਮ) ਵਸਾਂਦਾ ਹੈ, ਸਦਾ ਹਰਿ-ਨਾਮ ਵਿਚ ਟਿਕੇ ਰਹਿਣ ਕਰਕੇ ਉਸ ਨੂੰ (ਲੋਕ ਪਰਲੋਕ ਦੀ) ਇੱਜ਼ਤ ਮਿਲਦੀ ਹੈ ॥੨॥
48384	1131	ਸਤਿਗੁਰੁ ਭੇਟੈ ਤਾ ਫਲੁ ਪਾਏ ਸਚੁ ਕਰਣੀ ਸੁਖ ਸਾਰੁ॥		Sathigur Bhaettai Thaa Fal Paaeae Sach Karanee Sukh Saar ||	Meeting the True Guru, the fruitful rewards are obtained. This true lifestyle beings sublime peace.	ਸਦਾ-ਥਿਰ ਹਰਿ-ਨਾਮ ਦਾ ਸਿਮਰਨ ਹੀ (ਅਸਲ) ਕਰਤੱਬ ਹੈ, (ਨਾਮ-ਸਿਮਰਨ ਹੀ) ਸਭ ਤੋਂ ਸ੍ਰੇਸ਼ਟ ਸੁਖ ਹੈ, ਪਰ ਇਹ (ਹਰਿ-ਨਾਮ-ਸਿਮਰਨ) ਫਲ ਮਨੁੱਖ ਨੂੰ ਤਦੋਂ ਹੀ ਮਿਲਦਾ ਹੈ ਜਦੋਂ ਇਸ ਨੂੰ ਗੁਰੂ ਮਿਲਦਾ ਹੈ।

48385	1131	ਸੇ ਜਨ ਨਿਰਮਲ ਜੋ ਹਰਿ ਲਾਗੇ ਹਰਿ ਨਾਮੇ ਧਰਹਿ ਪਿਆਰੁ॥੩॥		Sae Jan Niramal Jo Har Laagae Har Naamae Dhharehi Piaar ||3||	Those humble beings who are attached to the Lord are immaculate; they enshrine love for the Lord's Name. ||3||	ਜਿਹੜੇ ਮਨੁੱਖ ਪਰਮਾਤਮਾ ਦੀ ਯਾਦ ਵਿਚ ਜੁੜਦੇ ਹਨ, ਪਰਮਾਤਮਾ ਦੇ ਨਾਮ ਵਿਚ ਪਿਆਰ ਪਾਂਦੇ ਹਨ, ਉਹ ਮਨੁੱਖ ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ ॥੩॥
48386	1131	ਤਿਨ ਕੀ ਰੇਣੁ ਮਿਲੈ ਤਾਂ ਮਸਤਕਿ ਲਾਈ ਜਿਨ ਸਤਿਗੁਰੁ ਪੂਰਾ ਧਿਆਇਆ॥		Thin Kee Raen Milai Thaan Masathak Laaee Jin Sathigur Pooraa Dhhiaaeiaa ||	If I obtain the dust of their feet, I apply it to my forehead. They meditate on the Perfect True Guru.	ਜਿਹੜੇ ਮਨੁੱਖ ਪੂਰੇ ਗੁਰੂ ਨੂੰ ਹਿਰਦੇ ਵਿਚ ਵਸਾਂਦੇ ਹਨ, ਜੇ ਮੈਨੂੰ ਉਹਨਾਂ ਦੀ ਚਰਨ-ਧੂੜ ਮਿਲ ਜਾਏ, ਤਾਂ ਉਹ ਧੂੜ ਮੈਂ ਆਪਣੇ ਮੱਥੇ ਉਤੇ ਲਾਵਾਂ।
48387	1131	ਨਾਨਕ ਤਿਨ ਕੀ ਰੇਣੁ ਪੂਰੈ ਭਾਗਿ ਪਾਈਐ ਜਿਨੀ ਰਾਮ ਨਾਮਿ ਚਿਤੁ ਲਾਇਆ॥੪॥੩॥੧੩॥		Naanak Thin Kee Raen Poorai Bhaag Paaeeai Jinee Raam Naam Chith Laaeiaa ||4||3||13||	O Nanak, this dust is obtained only by perfect destiny. They focus their consciousness on the Lord's Name. ||4||3||13||	ਹੇ ਨਾਨਕ! ਜਿਹੜੇ ਮਨੁੱਖ ਸਦਾ ਆਪਣਾ ਚਿੱਤ ਪਰਮਾਤਮਾ ਦੇ ਨਾਮ ਵਿਚ ਜੋੜੀ ਰੱਖਦੇ ਹਨ, ਉਹਨਾਂ ਦੇ ਚਰਨਾਂ ਦੀ ਧੂੜ ਪੂਰੀ ਕਿਸਮਤ ਨਾਲ ਹੀ ਮਿਲਦੀ ਹੈ ॥੪॥੩॥੧੩॥
48388	1131	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	

48389	1131	ਸਬਦੁ ਬੀਚਾਰੇ ਸੋ ਜਨੁ ਸਾਚਾ ਜਿਨ ਕੈ ਹਿਰਦੈ ਸਾਚਾ ਸੋਈ॥		Sabadh Beechaarae So Jan Saachaa Jin Kai Hiradhai Saachaa Soee ||	That humble being who contemplates the Word of the Shabad is true; the True Lord is within his heart.	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ (ਆਪਣੇ) ਮਨ ਵਿਚ ਵਸਾਂਦਾ ਹੈ, ਉਹ ਮਨੁੱਖ (ਮਾਇਆ ਦੇ ਹੱਲਿਆਂ ਵੱਲੋਂ) ਅਡੋਲ-ਚਿੱਤ ਹੋ ਜਾਂਦਾ ਹੈ।
48390	1131	ਸਾਚੀ ਭਗਤਿ ਕਰਹਿ ਦਿਨੁ ਰਾਤੀ ਤਾਂ ਤਨਿ ਦੂਖੁ ਨ ਹੋਈ॥੧॥		Saachee Bhagath Karehi Dhin Raathee Thaan Than Dhookh N Hoee ||1||	If someone performs true devotional worship day and night, then his body will not feel pain. ||1||	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਵੱਸ ਪੈਂਦਾ ਹੈ, ਜਿਹੜੇ ਮਨੁੱਖ ਦਿਨ ਰਾਤ ਸਦਾ-ਥਿਰ ਪ੍ਰਭੂ ਦੀ ਭਗਤੀ ਕਰਦੇ ਹਨ, ਉਹਨਾਂ ਦੇ ਸਰੀਰ ਵਿਚ ਕੋਈ (ਵਿਕਾਰ-) ਦੁੱਖ ਪੈਦਾ ਨਹੀਂ ਹੁੰਦਾ ॥੧॥
48391	1131	ਭਗਤੁ ਭਗਤੁ ਕਹੈ ਸਭੁ ਕੋਈ॥		Bhagath Bhagath Kehai Sabh Koee ||	Everyone calls him, ""Devotee, devotee.""	ਗੁਰੂ ਦੀ ਸਰਨ ਪੈਣ ਤੋਂ ਬਿਨਾ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ।
48392	1131	ਬਿਨੁ ਸਤਿਗੁਰ ਸੇਵੇ ਭਗਤਿ ਨ ਪਾਈਐ ਪੂਰੈ ਭਾਗਿ ਮਿਲੈ ਪ੍ਰਭੁ ਸੋਈ॥੧॥ਰਹਾਉ॥		Bin Sathigur Saevae Bhagath N Paaeeai Poorai Bhaag Milai Prabh Soee ||1|| Rehaao ||	But without serving the True Guru, devotional worship is not obtained. Only through perfect destiny does one meet God. ||1||Pause||	ਪੂਰੀ ਕਿਸਮਤ ਨਾਲ ਹੀ (ਕਿਸੇ ਮਨੁੱਖ ਨੂੰ) ਉਹ ਪਰਮਾਤਮਾ ਮਿਲਦਾ ਹੈ, (ਜਿਸ ਮਨੁੱਖ ਨੂੰ ਮਿਲ ਪੈਂਦਾ ਹੈ, ਉਸ ਬਾਰੇ) ਹਰ ਕੋਈ ਆਖਦਾ ਹੈ ਕਿ ਇਹ ਭਗਤ ਹੈ ਭਗਤ ਹੈ ॥੧॥ ਰਹਾਉ ॥

48393	1131	ਮਨਮੁਖ ਮੂਲੁ ਗਵਾਵਹਿ ਲਾਭੁ ਮਾਗਹਿ ਲਾਹਾ ਲਾਭੁ ਕਿਦੂ ਹੋਈ॥		Manamukh Mool Gavaavehi Laabh Maagehi Laahaa Laabh Kidhoo Hoee ||	The self-willed manmukhs lose their capital, and still, they demand profits. How can they earn any profit?	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਆਪਣਾ) ਸਰਮਾਇਆ (ਹੀ) ਗਵਾ ਲੈਂਦੇ ਹਨ, ਪਰ ਮੰਗਦੇ ਹਨ (ਆਤਮਕ) ਲਾਭ। (ਦੱਸੋ, ਉਹਨਾਂ ਨੂੰ) ਖੱਟੀ ਕਿਵੇਂ ਹੋ ਸਕਦੀ ਹੈ? ਲਾਭ ਕਿਥੋਂ ਮਿਲੇ?
48394	1131	ਜਮਕਾਲੁ ਸਦਾ ਹੈ ਸਿਰ ਊਪਰਿ ਦੂਜੈ ਭਾਇ ਪਤਿ ਖੋਈ॥੨॥		Jamakaal Sadhaa Hai Sir Oopar Dhoojai Bhaae Path Khoee ||2||	The Messenger of Death is always hovering above their heads. In the love of duality, they lose their honor. ||2||	ਆਤਮਕ ਮੌਤ ਸਦਾ ਉਹਨਾਂ ਦੇ ਸਿਰ ਉੱਤੇ ਸਵਾਰ ਰਹਿੰਦੀ ਹੈ। ਮਾਇਆ ਦੇ ਪਿਆਰ ਵਿਚ (ਫਸ ਕੇ ਉਹਨਾਂ ਨੇ ਲੋਕ ਪਰਲੋਕ ਦੀ) ਇੱਜ਼ਤ ਗਵਾ ਲਈ ਹੁੰਦੀ ਹੈ ॥੨॥
48395	1131	ਬਹਲੇ ਭੇਖ ਭਵਹਿ ਦਿਨੁ ਰਾਤੀ ਹਉਮੈ ਰੋਗੁ ਨ ਜਾਈ॥		Behalae Bhaekh Bhavehi Dhin Raathee Houmai Rog N Jaaee ||	Trying on all sorts of religious robes, they wander around day and night, but the disease of their egotism is not cured.	ਜਿਹੜੇ ਮਨੁੱਖ ਕਈ (ਧਾਰਮਿਕ) ਭੇਖ ਕਰ ਕੇ ਦਿਨ ਰਾਤ (ਥਾਂ ਥਾਂ) ਭੌਂਦੇ ਫਿਰਦੇ ਹਨ (ਉਹਨਾਂ ਨੂੰ ਆਪਣੇ ਇਸ ਤਿਆਗ ਦੀ ਹਉਮੈ ਹੋ ਜਾਂਦੀ ਹੈ, ਉਹਨਾਂ ਦਾ ਇਹ) ਹਉਮੈ ਦਾ ਰੋਗ ਦੂਰ ਨਹੀਂ ਹੁੰਦਾ।
48396	1131	ਪੜਿ ਪੜਿ ਲੂਝਹਿ ਬਾਦੁ ਵਖਾਣਹਿ ਮਿਲਿ ਮਾਇਆ ਸੁਰਤਿ ਗਵਾਈ॥੩॥		Parr Parr Loojhehi Baadh Vakhaanehi Mil Maaeiaa Surath Gavaaee ||3||	Reading and studying, they argue and debate; attached to Maya, they lose their awareness. ||3||	(ਤੇ, ਜਿਹੜੇ ਪੰਡਿਤ ਆਦਿਕ ਲੋਕ ਵੇਦ ਸ਼ਾਸਤ੍ਰ ਆਦਿਕ) ਪੜ੍ਹ ਪੜ੍ਹ ਕੇ (ਫਿਰ ਆਪੋ ਵਿਚ) ਮਿਲ ਕੇ ਬਹਸ ਕਰਦੇ ਹਨ ਚਰਚਾ ਕਰਦੇ ਹਨ ਉਹਨਾਂ ਨੇ ਭੀ ਮਾਇਆ ਦੇ ਮੋਹ ਦੇ ਕਾਰਨ (ਆਤਮਕ ਜੀਵਨ ਵਲੋਂ ਆਪਣੀ) ਹੋਸ਼ ਗਵਾ ਲਈ ਹੁੰਦੀ ਹੈ ॥੩॥

48397	1131	ਸਤਿਗੁਰੁ ਸੇਵਹਿ ਪਰਮਗਤਿ ਪਾਵਹਿ ਨਾਮਿ ਮਿਲੈ ਵਡਿਆਈ॥		Sathigur Saevehi Param Gath Paavehi Naam Milai Vaddiaaee ||	Those who serve the True Guru are blessed with the supreme status; through the Naam, they are blessed with glorious greatness.	ਜਿਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦੇ ਹਨ, (ਪਰਮਾਤਮਾ ਦੇ) ਨਾਮ ਵਿਚ ਜੁੜੇ ਰਹਿਣ ਕਰਕੇ ਉਹਨਾਂ ਨੂੰ (ਲੋਕ ਪਰਲੋਕ ਦੀ) ਇੱਜ਼ਤ ਮਿਲ ਜਾਂਦੀ ਹੈ।
48398	1131	ਨਾਨਕ ਨਾਮੁ ਜਿਨਾ ਮਨਿ ਵਸਿਆ ਦਰਿ ਸਾਚੈ ਪਤਿ ਪਾਈ॥੪॥੪॥੧੪॥		Naanak Naam Jinaa Man Vasiaa Dhar Saachai Path Paaee ||4||4||14||	O Nanak, those whose minds are filled with the Naam, are honored in the Court of the True Lord. ||4||4||14||	ਹੇ ਨਾਨਕ! ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਿਆ, ਉਹਨਾਂ ਨੇ ਸਦਾ-ਥਿਰ ਪ੍ਰਭੂ ਦੇ ਦਰ ਤੇ ਇੱਜ਼ਤ ਖੱਟ ਲਈ ॥੪॥੪॥੧੪॥
48399	1131	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	
48400	1131	ਮਨਮੁਖ ਆਸਾ ਨਹੀ ਉਤਰੈ ਦੂਜੈ ਭਾਇ ਖੁਆਏ॥		Manamukh Aasaa Nehee Outharai Dhoojai Bhaae Khuaaeae ||	The self-willed manmukh cannot escape false hope. In the love of duality, he is ruined.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਦੇ ਅੰਦਰੋਂ (ਹੋਰ ਹੋਰ ਮਾਇਆ ਜੋੜਨ ਦੀ) ਲਾਲਸਾ ਦੂਰ ਨਹੀਂ ਹੁੰਦੀ। ਮਾਇਆ ਦੇ ਪਿਆਰ ਵਿਚ ਉਹ ਸਹੀ ਜੀਵਨ-ਰਾਹ ਤੋਂ ਖੁੰਝੇ ਰਹਿੰਦੇ ਹਨ।

48401	1131	ਉਦਰੁ ਨੈ ਸਾਣੁ ਨ ਭਰੀਐ ਕਬਹੂ ਤ੍ਰਿਸਨਾ ਅਗਨਿ ਪਚਾਏ॥੧॥	(ਉਦਰੁ) ਪੇਟ। (ਨੈ) ਨਦੀ। (ਸਾਣੁ) ਬਰਾਬਰ। (ਪਚਾਏ) ਸਾੜੇ। (ਦੂਜਾ ਪਾਠ: ਨੈਸਾਣੁ)	Oudhar Nai Saan N Bhareeai Kabehoo Thrisanaa Agan Pachaaeae ||1||	His belly is like a river - it is never filled up. He is consumed by the fire of desire. ||1||	ਨਦੀ ਵਾਂਗ ਉਹਨਾਂ ਦਾ ਪੇਟ (ਮਾਇਆ ਨਾਲ) ਕਦੇ ਰੱਜਦਾ ਨਹੀਂ। ਤ੍ਰਿਸ਼ਨਾ ਦੀ ਅੱਗ ਉਹਨਾਂ ਨੂੰ ਸਾੜਦੀ ਰਹਿੰਦੀ ਹੈ ॥੧॥
48402	1131	ਸਦਾ ਅਨੰਦੁ ਰਾਮ ਰਸਿ ਰਾਤੇ॥		Sadhaa Anandh Raam Ras Raathae ||	Eternally blissful are those who are imbued with the sublime essence of the Lord.	ਜਿਹੜੇ ਮਨੁੱਖ ਪਰਮਾਤਮਾ ਦੇ ਨਾਮ-ਰਸ ਵਿਚ ਭਿੱਜੇ ਰਹਿੰਦੇ ਹਨ, ਉਹਨਾਂ ਦੇ ਅੰਦਰ ਸਦਾ ਆਨੰਦ ਬਣਿਆ ਰਹਿੰਦਾ ਹੈ।
48403	1131	ਹਿਰਦੈ ਨਾਮੁ ਦੁਬਿਧਾ ਮਨਿ ਭਾਗੀ ਹਰਿ ਹਰਿ ਅੰਮ੍ਰਿਤੁ ਪੀ ਤ੍ਰਿਪਤਾਤੇ॥੧॥ਰਹਾਉ ॥		Hiradhai Naam Dhubidhhaa Man Bhaagee Har Har Anmrith Pee Thripathaathae ||1|| Rehaao ||	The Naam, the Name of the Lord, fills their hearts, and duality runs away from their minds. Drinking in the Ambrosial Nectar of the Lord, Har, Har, they are satisfied. ||1||Pause||	(ਮਾਇਆ ਦੇ ਮੋਹ ਦੇ ਕਾਰਨ ਮਨੁੱਖ ਦੇ) ਮਨ ਵਿਚ ਮੇਰ-ਤੇਰ ਟਿਕੀ ਰਹਿੰਦੀ ਹੈ, ਪਰ ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਉਹਨਾਂ ਦੀ ਮੇਰ-ਤੇਰ ਦੂਰ ਹੋ ਜਾਂਦੀ ਹੈ। ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀ ਕੇ ਉਹ (ਮਾਇਆ ਵਲੋਂ ਸਦਾ) ਰੱਜੇ ਰਹਿੰਦੇ ਹਨ ॥੧॥ ਰਹਾਉ ॥

48404	1131	ਆਪੇ ਪਾਰਬ੍ਰਹਮੁ ਸ੍ਰਿਸਟਿ ਜਿਨਿ ਸਾਜੀ ਸਿਰਿ ਸਿਰਿ ਧੰਧੈ ਲਾਏ॥		Aapae Paarabreham Srisatt Jin Saajee Sir Sir Dhhandhhai Laaeae ||	The Supreme Lord God Himself created the Universe; He links each and every person to their tasks.	ਪਰ, (ਜੀਵਾਂ ਦੇ ਕੀਹ ਵੱਸ?) ਜਿਸ (ਪਰਮਾਤਮਾ) ਨੇ ਜਗਤ ਰਚਿਆ ਹੈ ਉਹ ਪਰਮਾਤਮਾ ਆਪ ਹੀ ਸਭ ਜੀਵਾਂ ਨੂੰ ਪਿਛਲੀ ਕੀਤੀ ਕਮਾਈ ਅਨੁਸਾਰ ਮਾਇਆ ਦੀ ਦੌੜ-ਭੱਜ ਵਿਚ ਲਾਈ ਰੱਖਦਾ ਹੈ।
48405	1131	ਮਾਇਆ ਮੋਹੁ ਕੀਆ ਜਿਨਿ ਆਪੇ ਆਪੇ ਦੂਜੈ ਲਾਏ॥੨॥		Maaeiaa Mohu Keeaa Jin Aapae Aapae Dhoojai Laaeae ||2||	He Himself created love and attachment to Maya; He Himself attaches the mortals to duality. ||2||	ਜਿਸ ਪ੍ਰਭੂ ਨੇ ਮਾਇਆ ਦਾ ਮੋਹ ਬਣਾਇਆ ਹੈ, ਉਹ ਆਪ ਹੀ (ਜੀਵਾਂ ਨੂੰ) ਮਾਇਆ ਦੇ ਮੋਹ ਵਿਚ ਜੋੜੀ ਰੱਖਦਾ ਹੈ ॥੨॥
48406	1131	ਤਿਸ ਨੋ ਕਿਹੁ ਕਹੀਐ ਜੇ ਦੂਜਾ ਹੋਵੈ ਸਭਿ ਤੁਧੈ ਮਾਹਿ ਸਮਾਏ॥		This No Kihu Keheeai Jae Dhoojaa Hovai Sabh Thudhhai Maahi Samaaeae ||	If there were any other, then I would speak to him; all will be merged in You.	(ਮਾਇਆ ਦੇ ਮੋਹ ਬਾਰੇ) ਉਸ ਪਰਮਾਤਮਾ ਨੂੰ ਕੁਝ ਤਾਂ ਹੀ ਕਿਹਾ ਜਾ ਸਕਦਾ ਹੈ ਜੇ ਉਹ ਸਾਥੋਂ ਓਪਰਾ ਹੋਵੇ। ਹੇ ਪ੍ਰਭੂ! ਸਾਰੇ ਜੀਵ ਤੇਰੇ ਵਿਚ ਹੀ ਲੀਨ ਹਨ (ਜਿਵੇਂ ਦਰੀਆ ਦੀਆਂ ਲਹਿਰਾਂ ਦਰੀਆ ਵਿਚ)।
48407	1131	ਗੁਰਮੁਖਿ ਗਿਆਨੁ ਤਤੁ ਬੀਚਾਰਾ ਜੋਤੀ ਜੋਤਿ ਮਿਲਾਏ॥੩॥		Guramukh Giaan Thath Beechaaraa Jothee Joth Milaaeae ||3||	The Gurmukh contemplates the essence of spiritual wisdom; his light merges into the Light. ||3||	ਜਿਸ ਮਨੁੱਖ ਨੇ ਆਤਮਕ ਜੀਵਨ ਦੀ ਅਸਲ ਸੂਝ ਨੂੰ ਵਿਚਾਰਿਆ ਹੈ, ਉਸ ਦੀ ਜਿੰਦ ਪ੍ਰਭੂ ਦੀ ਜੋਤਿ ਵਿਚ ਜੁੜੀ ਰਹਿੰਦੀ ਹੈ ॥੩॥

48408	1131	ਸੋ ਪ੍ਰਭੁ ਸਾਚਾ ਸਦ ਹੀ ਸਾਚਾ ਸਾਚਾ ਸਭੁ ਆਕਾਰਾ॥		So Prabh Saachaa Sadh Hee Saachaa Saachaa Sabh Aakaaraa ||	God is True, Forever True, and all His Creation is True.	ਉਹ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ, ਸਦਾ ਹੀ ਹੋਂਦ ਵਾਲਾ ਹੈ। ਇਹ ਸਾਰਾ ਜਗਤ ਭੀ ਸਦਾ ਹੋਂਦ ਵਾਲਾ ਹੈ (ਕਿਉਂਕਿ ਇਸ ਵਿਚ ਪਰਮਾਤਮਾ ਹੀ ਸਭ ਥਾਂ ਵਿਆਪਕ ਹੈ)।
48409	1131	ਨਾਨਕ ਸਤਿਗੁਰਿ ਸੋਝੀ ਪਾਈ ਸਚਿ ਨਾਮਿ ਨਿਸਤਾਰਾ॥੪॥੫॥੧੫॥		Naanak Sathigur Sojhee Paaee Sach Naam Nisathaaraa ||4||5||15||	O Nanak, the True Guru has given me this understanding; the True Name brings emancipation. ||4||5||15||	ਹੇ ਨਾਨਕ! ਜਿਸ ਮਨੁੱਖ ਨੂੰ ਗੁਰੂ ਨੇ (ਆਤਮਕ ਜੀਵਨ ਦੀ) ਸਮਝ ਬਖ਼ਸ਼ੀ ਹੈ, ਉਸ ਨੂੰ ਉਸ ਨੇ ਪਰਮਾਤਮਾ ਦੇ ਨਾਮ ਵਿਚ ਜੋੜ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ ਹੈ ॥੪॥੫॥੧੫॥
48410	1131	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	
48411	1131	ਕਲਿ ਮਹਿ ਪ੍ਰੇਤ ਜਿਨੀ ਰਾਮੁ ਨ ਪਛਾਤਾ ਸਤਜੁਗਿ ਪਰਮਹੰਸ ਬੀਚਾਰੀ॥		Kal Mehi Praeth Jinhee Raam N Pashhaathaa Sathajug Param Hans Beechaaree ||	In this Dark Age of Kali Yuga, those who do not realize the Lord are goblins. In the Golden Age of Sat Yuga, the supreme soul-swans contemplated the Lord.	ਕਲਜੁਗ ਵਿਚ ਪ੍ਰੇਤ (ਸਿਰਫ਼ ਉਹੀ) ਹਨ, ਜਿਨ੍ਹਾਂ ਨੇ ਪਰਮਾਤਮਾ ਨੂੰ (ਆਪਣੇ ਹਿਰਦੇ ਵਿਚ ਵੱਸਦਾ) ਨਹੀਂ ਪਛਾਣਿਆ। ਸਤਜੁਗ ਵਿਚ ਸਭ ਤੋਂ ਉੱਚੇ ਜੀਵਨ ਉਹੀ ਹਨ, ਜਿਹੜੇ ਆਤਮਕ ਜੀਵਨ ਦੀ ਸੂਝ ਵਾਲੇ ਹੋ ਗਏ (ਸਾਰੇ ਲੋਕ ਸਤਜੁਗ ਵਿਚ ਭੀ ਪਰਮ ਹੰਸ ਨਹੀਂ)।

48412	1131	ਦੁਆਪੁਰਿ ਤ੍ਰੈਤੈ ਮਾਣਸ ਵਰਤਹਿ ਵਿਰਲੈ ਹਉਮੈ ਮਾਰੀ॥੧॥		Dhuaapur Thraethai Maanas Varathehi Viralai Houmai Maaree ||1||	In the Silver Age of Dwaapur Yuga, and the Brass Age of Traytaa Yuga, mankind prevailed, but only a rare few subdued their egos. ||1||	ਦੁਆਪੁਰ ਵਿਚ ਤ੍ਰੇਤੇ ਵਿਚ ਭੀ (ਸਤਜੁਗ ਅਤੇ ਕਲਜੁਗ ਵਰਗੇ ਹੀ) ਮਨੁੱਖ ਵੱਸਦੇ ਹਨ। (ਤਦੋਂ ਭੀ) ਕਿਸੇ ਵਿਰਲੇ ਨੇ ਹੀ (ਆਪਣੇ ਅੰਦਰੋਂ) ਹਉਮੈ ਦੂਰ ਕੀਤੀ ॥੧॥
48413	1131	ਕਲਿ ਮਹਿ ਰਾਮ ਨਾਮਿ ਵਡਿਆਈ॥		Kal Mehi Raam Naam Vaddiaaee ||	In this Dark Age of Kali Yuga, glorious greatness is obtained through the Lord's Name.	ਕਲਜੁਗ ਵਿਚ ਪਰਮਾਤਮਾ ਦੇ ਨਾਮ ਵਿਚ ਜੁੜਿਆਂ ਹੀ (ਲੋਕ ਪਰਲੋਕ ਦੀ) ਇੱਜ਼ਤ ਮਿਲਦੀ ਹੈ।
48414	1131	ਜੁਗਿ ਜੁਗਿ ਗੁਰਮੁਖਿ ਏਕੋ ਜਾਤਾ ਵਿਣੁ ਨਾਵੈ ਮੁਕਤਿ ਨ ਪਾਈ॥੧॥ਰਹਾਉ॥		Jug Jug Guramukh Eaeko Jaathaa Vin Naavai Mukath N Paaee ||1|| Rehaao ||	In each and every age, the Gurmukhs know the One Lord; without the Name, liberation is not attained. ||1||Pause||	(ਜੁਗ ਭਾਵੇਂ ਕੋਈ ਭੀ ਹੋਵੇ) ਹਰੇਕ ਜੁਗ ਵਿਚ ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਨੇ (ਹੀ) ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਹੈ। (ਕਿਸੇ ਭੀ ਜੁਗ ਵਿਚ) ਪਰਮਾਤਮਾ ਦੇ ਨਾਮ ਤੋਂ ਬਿਨਾ ਕਿਸੇ ਨੇ ਭੀ ਵਿਕਾਰਾਂ ਤੋਂ ਖ਼ਲਾਸੀ ਪ੍ਰਾਪਤ ਨਹੀਂ ਕੀਤੀ ॥੧॥ ਰਹਾਉ ॥

48415	1131	ਹਿਰਦੈ ਨਾਮੁ ਲਖੈ ਜਨੁ ਸਾਚਾ ਗੁਰਮੁਖਿ ਮੰਨਿ ਵਸਾਈ॥		Hiradhai Naam Lakhai Jan Saachaa Guramukh Mann Vasaaee ||	The Naam, the Name of the Lord, is revealed in the heart of the True Lord's humble servant. It dwells in the mind of the Gurmukh.	ਜਿਹੜਾ ਮਨੁੱਖ ਸਦਾ-ਥਿਰ ਹਰਿ-ਨਾਮ (ਆਪਣੇ ਅੰਦਰ ਵੱਸਦਾ) ਸਹੀ ਕਰ ਲੈਂਦਾ ਹੈ, ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਹਰਿ-ਨਾਮ ਨੂੰ ਆਪਣੇ) ਮਨ ਵਿਚ ਵਸਾ ਲੈਂਦਾ ਹੈ, (ਉਹ ਮਨੁੱਖ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ।
48416	1131	ਆਪਿ ਤਰੇ ਸਗਲੇ ਕੁਲ ਤਾਰੇ ਜਿਨੀ ਰਾਮ ਨਾਮਿ ਲਿਵ ਲਾਈ॥੨॥		Aap Tharae Sagalae Kul Thaarae Jinee Raam Naam Liv Laaee ||2||	Those who are lovingly focused on the Lord's Name save themselves; they save all their ancestors as well. ||2||	ਜਿਨ੍ਹਾਂ ਭੀ ਮਨੁੱਖਾਂ ਨੇ ਪਰਮਾਤਮਾ ਦੇ ਨਾਮ ਵਿਚ ਲਗਨ ਬਣਾਈ, ਉਹ ਆਪ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ, ਉਹਨਾਂ ਆਪਣੀਆਂ ਸਾਰੀਆਂ ਕੁਲਾਂ ਭੀ ਪਾਰ ਲੰਘਾ ਲਈਆਂ ॥੨॥
48417	1131	ਮੇਰਾ ਪ੍ਰਭੁ ਹੈ ਗੁਣ ਕਾ ਦਾਤਾ ਅਵਗਣ ਸਬਦਿ ਜਲਾਏ॥		Maeraa Prabh Hai Gun Kaa Dhaathaa Avagan Sabadh Jalaaeae ||	My Lord God is the Giver of virtue. The Word of the Shabad burns away all faults and demerits.	ਮੇਰਾ ਪਰਮਾਤਮਾ ਗੁਣ ਬਖ਼ਸ਼ਣ ਵਾਲਾ ਹੈ, ਉਹ (ਜੀਵ ਨੂੰ ਗੁਰੂ ਦੇ) ਸ਼ਬਦ ਵਿਚ (ਜੋੜ ਕੇ ਉਸ ਦੇ ਸਾਰੇ) ਔਗੁਣ ਸਾੜ ਦੇਂਦਾ ਹੈ।
48418	1132	ਜਿਨ ਮਨਿ ਵਸਿਆ ਸੇ ਜਨ ਸੋਹੇ ਹਿਰਦੈ ਨਾਮੁ ਵਸਾਏ॥੩॥		Jin Man Vasiaa Sae Jan Sohae Hiradhai Naam Vasaaeae ||3||	Those whose minds are filled with the Naam are beautiful; they enshrine the Naam within their hearts. ||3||	ਜਿਨ੍ਹਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਉਹ ਹਿਰਦੇ ਵਿਚ ਨਾਮ ਨੂੰ ਵਸਾ ਕੇ ਸੋਹਣੇ ਜੀਵਨ ਵਾਲੇ ਬਣ ਜਾਂਦੇ ਹਨ ॥੩॥

48419	1132	ਘਰੁ ਦਰੁ ਮਹਲੁ ਸਤਿਗੁਰੂ ਦਿਖਾਇਆ ਰੰਗ ਸਿਉ ਰਲੀਆ ਮਾਣੈ॥		Ghar Dhar Mehal Sathiguroo Dhikhaaeiaa Rang Sio Raleeaa Maanai ||	The True Guru has revealed to me the Lord's Home and His Court, and the Mansion of His Presence. I joyfully enjoy His Love.	ਜਿਸ ਮਨੁੱਖ ਨੂੰ ਗੁਰੂ ਪਰਮਾਤਮਾ ਦਾ ਘਰ ਪਰਮਾਤਮਾ ਦਾ ਦਰ ਪਰਮਾਤਮਾ ਦਾ ਮਹਲ ਵਿਖਾ ਦੇਂਦਾ ਹੈ, ਉਹ ਮਨੁੱਖ ਪ੍ਰੇਮ ਨਾਲ ਪ੍ਰਭੂ-ਚਰਨਾਂ ਦਾ ਮਿਲਾਪ ਮਾਣਦਾ ਹੈ।
48420	1132	ਜੋ ਕਿਛੁ ਕਹੈ ਸੁ ਭਲਾ ਕਰਿ ਮਾਨੈ ਨਾਨਕ ਨਾਮੁ ਵਖਾਣੈ॥੪॥੬॥੧੬॥		Jo Kishh Kehai S Bhalaa Kar Maanai Naanak Naam Vakhaanai ||4||6||16||	Whatever He says, I accept as good; Nanak chants the Naam. ||4||6||16||	ਹੇ ਨਾਨਕ! ਗੁਰੂ ਉਸ ਮਨੁੱਖ ਨੂੰ ਜਿਹੜਾ ਉਪਦੇਸ਼ ਦੇਂਦਾ ਹੈ, ਉਹ ਮਨੁੱਖ ਉਸ ਨੂੰ ਭਲਾ ਜਾਣ ਕੇ ਮੰਨ ਲੈਂਦਾ ਹੈ ਅਤੇ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ ॥੪॥੬॥੧੬॥
48421	1132	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	
48422	1132	ਮਨਸਾ ਮਨਹਿ ਸਮਾਇ ਲੈ ਗੁਰ ਸਬਦੀ ਵੀਚਾਰ॥		Manasaa Manehi Samaae Lai Gur Sabadhee Veechaar ||	The desires of the mind are absorbed in the mind,contemplating the Word of the Guru's Shabad.	ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਦੇ ਗੁਣਾਂ ਨੂੰ) ਮਨ ਵਿਚ ਵਸਾ ਕੇ ਮਨ ਦੇ (ਮਾਇਕ) ਫੁਰਨਿਆਂ ਨੂੰ (ਅੰਦਰ) ਮਨ ਵਿਚ ਹੀ ਲੀਨ ਕਰ ਦੇਹ।
48423	1132	ਗੁਰ ਪੂਰੇ ਤੇ ਸੋਝੀ ਪਵੈ ਫਿਰਿ ਮਰੈ ਨ ਵਾਰੋ ਵਾਰ॥੧॥		Gur Poorae Thae Sojhee Pavai Fir Marai N Vaaro Vaar ||1||	Understanding is obtained from the Perfect Guru, and then the mortal does not die over and over again. ||1||	ਜਿਸ ਮਨੁੱਖ ਨੂੰ ਪੂਰੇ ਗੁਰੂ ਪਾਸੋਂ ਇਹ ਸਮਝ ਹਾਸਲ ਹੋ ਜਾਂਦੀ ਹੈ, ਉਹ ਮੁੜ ਮੁੜ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ ॥੧॥

48424	1132	ਮਨ ਮੇਰੇ ਰਾਮ ਨਾਮੁ ਆਧਾਰੁ॥		Man Maerae Raam Naam Aadhhaar ||	My mind takes the Support of the Lord's Name.	ਹੇ ਮੇਰੇ ਮਨ! ਪਰਮਾਤਮਾ ਦੇ ਨਾਮ ਨੂੰ (ਆਪਣਾ) ਆਸਰਾ ਬਣਾ।
48425	1132	ਗੁਰ ਪਰਸਾਦਿ ਪਰਮਪਦੁ ਪਾਇਆ ਸਭ ਇਛ ਪੁਜਾਵਣਹਾਰੁ॥੧॥ਰਹਾਉ॥		Gur Parasaadh Param Padh Paaeiaa Sabh Eishh Pujaavanehaar ||1|| Rehaao ||	By Guru's Grace, I have obtained the supreme status; the Lord is the Fulfiller of all desires. ||1||Pause||	(ਜਿਹੜਾ ਮਨੁੱਖ ਹਰਿ-ਨਾਮ ਨੂੰ ਆਪਣਾ ਆਸਰਾ ਬਣਾਂਦਾ ਹੈ) ਉਹ ਗੁਰੂ ਦੀ ਕਿਰਪਾ ਨਾਲ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ। ਹੇ ਮਨ! ਪਰਮਾਤਮਾ ਹਰੇਕ ਇੱਛਾ ਪੂਰੀ ਕਰਨ ਵਾਲਾ ਹੈ ॥੧॥ ਰਹਾਉ ॥
48426	1132	ਸਭ ਮਹਿ ਏਕੋ ਰਵਿ ਰਹਿਆ ਗੁਰ ਬਿਨੁ ਬੂਝ ਨ ਪਾਇ॥		Sabh Mehi Eaeko Rav Rehiaa Gur Bin Boojh N Paae ||	The One Lord is permeating and pervading amongst all; without the Guru, this understanding is not obtained.	ਸਭ ਜੀਵਾਂ ਵਿਚ ਇਕ ਪਰਮਾਤਮਾ ਹੀ ਵਿਆਪਕ ਹੈ, ਪਰ ਗੁਰੂ ਤੋਂ ਬਿਨਾ ਇਹ ਸਮਝ ਨਹੀਂ ਆਉਂਦੀ।
48427	1132	ਗੁਰਮੁਖਿ ਪ੍ਰਗਟੁ ਹੋਆ ਮੇਰਾ ਹਰਿ ਪ੍ਰਭੁ ਅਨ ਦਿਨੁ ਹਰਿ ਗੁਣ ਗਾਇ॥੨॥		Guramukh Pragatt Hoaa Maeraa Har Prabh Anadhin Har Gun Gaae ||2||	My Lord God has been revealed to me, and I have become Gurmukh. Night and day, I sing the Glorious Praises of the Lord. ||2||	ਜਿਸ ਮਨੁੱਖ ਦੇ ਅੰਦਰ ਗੁਰੂ ਦੀ ਰਾਹੀਂ ਪਰਮਾਤਮਾ ਪਰਗਟ ਹੋ ਜਾਂਦਾ ਹੈ, ਉਹ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੨॥

48428	1132	ਸੁਖਦਾਤਾ ਹਰਿ ਏਕੁ ਹੈ ਹੋਰ ਥੈ ਸੁਖੁ ਨ ਪਾਹਿ॥		Sukhadhaathaa Har Eaek Hai Hor Thhai Sukh N Paahi ||	The One Lord is the Giver of peace; peace is not found anywhere else.	ਸੁਖ ਦੇਣ ਵਾਲਾ ਸਿਰਫ਼ ਪਰਮਾਤਮਾ ਹੀ ਹੈ (ਜਿਹੜੇ ਮਨੁੱਖ ਪਰਮਾਤਮਾ ਦਾ ਆਸਰਾ ਨਹੀਂ ਲੈਂਦੇ) ਉਹ ਹੋਰ ਹੋਰ ਥਾਂ ਤੋਂ ਸੁਖ ਪ੍ਰਾਪਤ ਨਹੀਂ ਕਰ ਸਕਦੇ।
48429	1132	ਸਤਿਗੁਰੁ ਜਿਨੀ ਨ ਸੇਵਿਆ ਦਾਤਾ ਸੇ ਅੰਤਿ ਗਏ ਪਛੁਤਾਹਿ॥੩॥		Sathigur Jinee N Saeviaa Dhaathaa Sae Anth Geae Pashhuthaahi ||3||	Those who do not serve the Giver, the True Guru, depart regretfully in the end. ||3||	ਗੁਰੂ (ਪਰਮਾਤਮਾ ਦੇ ਨਾਮ ਦੀ ਦਾਤਿ) ਦੇਣ ਵਾਲਾ ਹੈ, ਜਿਨ੍ਹਾਂ ਨੇ ਗੁਰੂ ਦੀ ਸਰਨ ਨਹੀਂ ਲਈ, ਉਹ ਆਖ਼ਰ ਇਥੋਂ ਜਾਣ ਵੇਲੇ ਹੱਥ ਮਲਦੇ ਹਨ ॥੩॥
48430	1132	ਸਤਿਗੁਰੁ ਸੇਵਿ ਸਦਾ ਸੁਖੁ ਪਾਇਆ ਫਿਰਿ ਦੁਖੁ ਨ ਲਾਗੈ ਧਾਇ॥		Sathigur Saev Sadhaa Sukh Paaeiaa Fir Dhukh N Laagai Dhhaae ||	Serving the True Guru, lasting peace is obtained, and the mortal does not suffer in pain any longer.	ਜਿਸ ਮਨੁੱਖ ਨੇ ਗੁਰੂ ਦਾ ਆਸਰਾ ਲਿਆ, ਉਸ ਨੇ ਸਦਾ ਆਨੰਦ ਮਾਣਿਆ। ਕੋਈ ਭੀ ਦੁੱਖ ਹੱਲਾ ਕਰ ਕੇ ਉਸ ਨੂੰ ਨਹੀਂ ਚੰਬੜ ਸਕਦਾ।
48431	1132	ਨਾਨਕ ਹਰਿ ਭਗਤਿ ਪਰਾਪਤਿ ਹੋਈ ਜੋਤੀ ਜੋਤਿ ਸਮਾਇ॥੪॥੭॥੧੭॥		Naanak Har Bhagath Paraapath Hoee Jothee Joth Samaae ||4||7||17||	Nanak has been blessed with devotional worship of the Lord; his light has merged into the Light. ||4||7||17||	ਹੇ ਨਾਨਕ! ਜਿਸ ਮਨੁੱਖ ਨੂੰ ਭਾਗਾਂ ਨਾਲ ਪਰਮਾਤਮਾ ਦੀ ਭਗਤੀ ਪ੍ਰਾਪਤ ਹੋ ਗਈ, ਉਸ ਦੀ ਜਿੰਦ ਪਰਮਾਤਮਾ ਦੀ ਜੋਤਿ ਵਿਚ ਲੀਨ ਰਹਿੰਦੀ ਹੈ ॥੪॥੭॥੧੭॥
48432	1132	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	

48433	1132	ਬਾਝੁ ਗੁਰੂ ਜਗਤੁ ਬਉਰਾਨਾ ਭੂਲਾ ਚੋਟਾ ਖਾਈ॥	ਜੱਗਤੁ	Baajh Guroo Jagath Bouraanaa Bhoolaa Chottaa Khaaee ||	Without the Guru, the world is insane; confused and deluded, it is beaten, and it suffers.	ਹੇ ਮਨ! ਗੁਰੂ ਦੀ ਸਰਨ ਤੋਂ ਬਿਨਾ ਜਗਤ (ਵਿਕਾਰਾਂ ਵਿਚ) ਝੱਲਾ ਹੋਇਆ ਫਿਰਦਾ ਹੈ, ਕੁਰਾਹੇ ਪੈ ਕੇ (ਵਿਕਾਰਾਂ ਦੀਆਂ) ਸੱਟਾਂ ਖਾਂਦਾ ਰਹਿੰਦਾ ਹੈ,
48434	1132	ਮਰਿ ਮਰਿ ਜੰਮੈ ਸਦਾ ਦੁਖੁ ਪਾਏ ਦਰ ਕੀ ਖਬਰਿ ਨ ਪਾਈ॥੧॥		Mar Mar Janmai Sadhaa Dhukh Paaeae Dhar Kee Khabar N Paaee ||1||	It dies and dies again, and is reborn, always in pain, but it is unaware of the Lord's Gate. ||1||	ਮੁੜ ਮੁੜ ਜਨਮ ਮਰਨ ਦੇ ਗੇੜ ਵਿਚ ਪੈਂਦਾ ਹੈ, ਸਦਾ ਦੁੱਖ ਸਹਿੰਦਾ ਹੈ, ਪਰਮਾਤਮਾ ਦੇ ਦਰ ਦੀ ਉਸ ਨੂੰ ਕੋਈ ਸਮਝ ਨਹੀਂ ਪੈਂਦੀ ॥੧॥
48435	1132	ਮੇਰੇ ਮਨ ਸਦਾ ਰਹਹੁ ਸਤਿਗੁਰ ਕੀ ਸਰਣਾ॥		Maerae Man Sadhaa Rehahu Sathigur Kee Saranaa ||	O my mind,remain always in the Protection of the True Guru's Sanctuary.	ਹੇ ਮੇਰੇ ਮਨ! ਸਦਾ ਗੁਰੂ ਦੀ ਸਰਨ ਪਿਆ ਰਹੁ।
48436	1132	ਹਿਰਦੈ ਹਰਿ ਨਾਮੁ ਮੀਠਾ ਸਦ ਲਾਗਾ ਗੁਰ ਸਬਦੇ ਭਵਜਲੁ ਤਰਣਾ॥੧॥ਰਹਾਉ॥		Hiradhai Har Naam Meethaa Sadh Laagaa Gur Sabadhae Bhavajal Tharanaa ||1|| Rehaao ||	Those people, to whose hearts the Lord's Name seems sweet, are carried across the terrifying world-ocean by the Word of the Guru's Shabad. ||1||Pause||	(ਜਿਹੜਾ ਮਨੁੱਖ ਗੁਰੂ ਦੀ ਸਰਨ ਵਿਚ ਟਿਕਿਆ ਰਹਿੰਦਾ ਹੈ, ਉਸ ਨੂੰ ਆਪਣੇ) ਹਿਰਦੇ ਵਿਚ ਪਰਮਾਤਮਾ ਦਾ ਨਾਮ ਸਦਾ ਪਿਆਰਾ ਲੱਗਦਾ ਹੈ। ਗੁਰੂ ਦੇ ਸ਼ਬਦ ਦੀ ਰਾਹੀਂ ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੧॥ ਰਹਾਉ ॥

48437	1132	ਭੇਖ ਕਰੈ ਬਹੁਤੁ ਚਿਤੁ ਡੋਲੈ ਅੰਤਰਿ ਕਾਮੁ ਕ੍ਰੋਧੁ ਅਹੰਕਾਰੁ॥	ਅਹੰ-ਕਾਰੁ	Bhaekh Karai Bahuth Chith Ddolai Anthar Kaam Krodhh Ahankaar ||	The mortal wears various religious robes, but his consciousness is unsteady; deep within, he is filled with sexual desire, anger and egotism.	ਹੇ ਮਨ! (ਜਿਹੜਾ ਮਨੁੱਖ ਗੁਰੂ ਦੀ ਸਰਨ ਤੋਂ ਖੁੰਝ ਕੇ) ਕਈ (ਧਾਰਮਿਕ) ਭੇਖ ਬਣਾਂਦਾ ਹੈ, ਉਸ ਦਾ ਮਨ (ਵਿਕਾਰਾਂ ਵਿਚ ਹੀ) ਡੋਲਦਾ ਰਹਿੰਦਾ ਹੈ, ਉਸ ਦੇ ਅੰਦਰ ਕਾਮ (ਦਾ ਜ਼ੋਰ) ਹੈ, ਕ੍ਰੋਧ (ਦਾ ਜ਼ੋਰ) ਹੈ, ਅਹੰਕਾਰ (ਦਾ ਜ਼ੋਰ) ਹੈ।
48438	1132	ਅੰਤਰਿ ਤਿਸਾ ਭੂਖ ਅਤਿ ਬਹੁਤੀ ਭਉਕਤ ਫਿਰੈ ਦਰ ਬਾਰੁ॥੨॥	ਦਰ (ਬਾਰੁ) ਵਿੱਚ। (ਦੂਜਾ ਪਾਠ: ਦਰਬਾਰੁ)	Anthar Thisaa Bhookh Ath Bahuthee Bhoukath Firai Dhar Baar ||2||	Deep within is the great thirst and immense hunger; he wanders from door to door. ||2||	ਉਸ ਦੇ ਅੰਦਰ ਮਾਇਆ ਦੀ ਬੜੀ ਤ੍ਰਿਸ਼ਨਾ ਹੈ, ਮਾਇਆ ਦੀ ਬੜੀ ਭੁੱਖ ਹੈ, ਉਹ (ਕੁੱਤੇ ਵਾਂਗ ਰੋਟੀ ਦੀ ਖ਼ਾਤਰ) ਭੌਂਕਦਾ ਫਿਰਦਾ ਹੈ, (ਹਰੇਕ ਘਰ ਦੇ) ਦਰ ਦਾ ਬੂਹਾ (ਖੜਕਾਂਦਾ ਫਿਰਦਾ ਹੈ) ॥੨॥
48439	1132	ਗੁਰ ਕੈ ਸਬਦਿ ਮਰਹਿ ਫਿਰਿ ਜੀਵਹਿ ਤਿਨ ਕਉ ਮੁਕਤਿ ਦੁਆਰਿ॥		Gur Kai Sabadh Marehi Fir Jeevehi Thin Ko Mukath Dhuaar ||	Those who die in the Word of the Guru's Shabad are reborn; they find the door of liberation.	ਜਿਹੜੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਵਿਕਾਰਾਂ ਵਲੋਂ) ਮਰਦੇ ਹਨ, ਉਹ ਫਿਰ ਆਤਮਕ ਜੀਵਨ ਹਾਸਲ ਕਰ ਲੈਂਦੇ ਹਨ, ਉਹਨਾਂ ਨੂੰ ਵਿਕਾਰਾਂ ਤੋਂ ਖ਼ਲਾਸੀ ਮਿਲ ਜਾਂਦੀ ਹੈ, ਪਰਮਾਤਮਾ ਦੇ ਦਰ ਤੇ (ਉਹਨਾਂ ਦੀ ਪਹੁੰਚ ਹੋ ਜਾਂਦੀ ਹੈ)।

48440	1132	ਅੰਤਰਿ ਸਾਂਤਿ ਸਦਾ ਸੁਖੁ ਹੋਵੈ ਹਰਿ ਰਾਖਿਆ ਉਰ ਧਾਰਿ॥੩॥		Anthar Saanth Sadhaa Sukh Hovai Har Raakhiaa Our Dhhaar ||3||	With constant peace and tranquility deep within, they enshrine the Lord within their hearts. ||3||	ਉਹਨਾਂ ਦੇ ਅੰਦਰ ਸ਼ਾਂਤੀ ਬਣੀ ਰਹਿੰਦੀ ਹੈ ਉਹਨਾਂ ਦੇ ਅੰਦਰ ਸਦਾ ਆਨੰਦ ਬਣਿਆ ਰਹਿੰਦਾ ਹੈ, (ਕਿਉਂਕਿ ਉਹਨਾਂ ਨੇ) ਪਰਮਾਤਮਾ (ਦੇ ਨਾਮ) ਨੂੰ ਆਪਣੇ ਹਿਰਦੇ ਵਿਚ ਟਿਕਾ ਰੱਖਿਆ ਹੁੰਦਾ ਹੈ ॥੩॥
48441	1132	ਜਿਉ ਤਿਸੁ ਭਾਵੈ ਤਿਵੈ ਚਲਾਵੈ ਕਰਣਾ ਕਿਛੂ ਨ ਜਾਈ॥		Jio This Bhaavai Thivai Chalaavai Karanaa Kishhoo N Jaaee ||	As it pleases Him, He inspires us to act. Nothing else can be done.	ਪਰ, (ਜੀਵਾਂ ਦੇ ਕੁਝ ਵੱਸ ਨਹੀਂ) ਜਿਵੇਂ ਪਰਮਾਤਮਾ ਨੂੰ ਚੰਗਾ ਲੱਗਦਾ ਹੈ, ਉਸੇ ਤਰ੍ਹਾਂ ਉਹ ਜੀਵਾਂ ਨੂੰ ਜੀਵਨ-ਰਾਹ ਉਤੇ ਤੋਰਦਾ ਹੈ, ਅਸਾਂ ਜੀਵਾਂ ਦਾ ਉਸ ਦੇ ਸਾਹਮਣੇ ਕੋਈ ਜ਼ੋਰ ਨਹੀਂ ਚੱਲ ਸਕਦਾ।
48442	1132	ਨਾਨਕ ਗੁਰਮੁਖਿ ਸਬਦੁ ਸਮ੍ਹਾਲੇ ਰਾਮ ਨਾਮਿ ਵਡਿਆਈ॥੪॥੮॥੧੮॥		Naanak Guramukh Sabadh Samhaalae Raam Naam Vaddiaaee ||4||8||18||	O Nanak, the Gurmukh contemplates the Word of the Shabad, and is blessed with the glorious greatness of the Lord's Name. ||4||8||18||	ਹੇ ਨਾਨਕ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਗੁਰੂ ਦਾ ਸ਼ਬਦ ਹਿਰਦੇ ਵਿਚ ਵਸਾਂਦਾ ਹੈ, ਪਰਮਾਤਮਾ ਦੇ ਨਾਮ ਵਿਚ ਜੁੜਨ ਕਰਕੇ ਉਸ ਨੂੰ (ਲੋਕ ਪਰਲੋਕ ਦੀ) ਇੱਜ਼ਤ ਮਿਲ ਜਾਂਦੀ ਹੈ ॥੪॥੮॥੧੮॥
48443	1132	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	

48444	1132	ਹਉਮੈ ਮਾਇਆ ਮੋਹਿ ਖੁਆਇਆ ਦੁਖੁ ਖਟੇ ਦੁਖ ਖਾਇ॥		Houmai Maaeiaa Mohi Khuaaeiaa Dhukh Khattae Dhukh Khaae ||	Lost in egotism, Maya and attachment, the mortal earns pain, and eats pain.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਹਉਮੈ ਦੇ ਕਾਰਨ ਮਾਇਆ ਦੇ ਮੋਹ ਦੇ ਕਾਰਨ ਜੀਵਨ-ਰਾਹ ਤੋਂ ਖੁੰਝਿਆ ਰਹਿੰਦਾ ਹੈ। ਉਹ ਉਹੀ ਕੁਝ ਕਰਦਾ ਰਹਿੰਦਾ ਹੈ ਜਿਸ ਤੋਂ ਉਹ ਦੁੱਖ ਹੀ ਸਹੇੜਦਾ ਹੈ ਦੁੱਖ ਹੀ ਸਹਾਰਦਾ ਹੈ।
48445	1132	ਅੰਤਰਿ ਲੋਭ ਹਲਕੁ ਦੁਖੁ ਭਾਰੀ ਬਿਨੁ ਬਿਬੇਕ ਭਰਮਾਇ॥੧॥		Anthar Lobh Halak Dhukh Bhaaree Bin Bibaek Bharamaae ||1||	The great disease, the rabid disease of greed, is deep within him; he wanders around indiscriminately. ||1||	ਉਸ ਦੇ ਅੰਦਰ ਲੋਭ (ਟਿਕਿਆ ਰਹਿੰਦਾ ਹੈ ਜਿਵੇਂ ਕੁੱਤੇ ਨੂੰ) ਹਲਕ (ਹੋ ਜਾਂਦਾ) ਹੈ (ਕੁੱਤਾ ਆਪ ਭੀ ਦੁਖੀ ਹੁੰਦਾ ਹੈ ਲੋਕਾਂ ਨੂੰ ਭੀ ਦੁਖੀ ਕਰਦਾ ਹੈ। ਇਸੇ ਤਰ੍ਹਾਂ ਲੋਭੀ ਨੂੰ) ਬਹੁਤ ਦੁੱਖ ਬਣਿਆ ਰਹਿੰਦਾ ਹੈ। ਚੰਗੇ ਮੰਦੇ ਕੰਮ ਦੀ ਪਰਖ ਨਾਹ ਕਰ ਸਕਣ ਕਰਕੇ ਉਹ (ਮਾਇਆ ਦੀ ਖ਼ਾਤਰ) ਭਟਕਦਾ ਫਿਰਦਾ ਹੈ ॥੧॥
48446	1132	ਮਨਮੁਖਿ ਧ੍ਰਿਗੁ ਜੀਵਣੁ ਸੈਸਾਰਿ॥		Manamukh Dhhrig Jeevan Saisaar ||	The life of the self-willed manmukh in this world is cursed.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ ਜਗਤ ਵਿਚ ਜੀਵਨ (-ਢੰਗ) ਇਹੋ ਜਿਹਾ ਹੀ ਰਹਿੰਦਾ ਹੈ ਕਿ ਉਸ ਨੂੰ ਫਿਟਕਾਰਾਂ ਪੈਂਦੀਆਂ ਰਹਿੰਦੀਆਂ ਹਨ।

48447	1132	ਰਾਮ ਨਾਮੁ ਸੁਪਨੈ ਨਹੀ ਚੇਤਿਆ ਹਰਿ ਸਿਉ ਕਦੇ ਨ ਲਾਗੈ ਪਿਆਰੁ॥੧॥ਰਹਾਉ ॥		Raam Naam Supanai Nehee Chaethiaa Har Sio Kadhae N Laagai Piaar ||1|| Rehaao ||	He does not remember the Lord's Name, even in his dreams. He is never in love with the Lord's Name. ||1||Pause||	ਉਹ ਪਰਮਾਤਮਾ ਦਾ ਨਾਮ ਕਦੇ ਭੀ ਯਾਦ ਨਹੀਂ ਕਰਦਾ, ਪਰਮਾਤਮਾ ਨਾਲ ਉਸ ਦਾ ਕਦੇ ਭੀ ਪਿਆਰ ਨਹੀਂ ਬਣਦਾ ॥੧॥ ਰਹਾਉ ॥
48448	1132	ਪਸੂਆ ਕਰਮ ਕਰੈ ਨਹੀ ਬੂਝੈ ਕੂੜੁ ਕਮਾਵੈ ਕੂੜੋ ਹੋਇ॥		Pasooaa Karam Karai Nehee Boojhai Koorr Kamaavai Koorro Hoe ||	He acts like a beast, and does not understand anything. Practicing falsehood, he becomes false.	ਮਨ ਦਾ ਮੁਰੀਦ ਮਨੁੱਖ ਪਸ਼ੂਆਂ ਵਾਲੇ ਕੰਮ ਕਰਦਾ ਹੈ, ਉਸ ਨੂੰ ਸਮਝ ਨਹੀਂ ਆਉਂਦੀ (ਕਿ ਇਹ ਜੀਵਨ-ਰਾਹ ਗ਼ਲਤ ਹੈ)। ਨਾਸਵੰਤ ਮਾਇਆ ਦੀ ਖ਼ਾਤਰ ਦੌੜ-ਭੱਜ ਕਰਦਾ ਕਰਦਾ ਉਸੇ ਦਾ ਰੂਪ ਹੋਇਆ ਰਹਿੰਦਾ ਹੈ।
48449	1132	ਸਤਿਗੁਰੁ ਮਿਲੈ ਤ ਉਲਟੀ ਹੋਵੈ ਖੋਜਿ ਲਹੈ ਜਨੁ ਕੋਇ॥੨॥		Sathigur Milai Th Oulattee Hovai Khoj Lehai Jan Koe ||2||	But when the mortal meets the True Guru, his way of looking at the world changes. How rare are those humble beings who seek and find the Lord. ||2||	ਪਰ ਜੇ ਉਸ ਨੂੰ ਗੁਰੂ ਮਿਲ ਪਏ, ਤਾਂ ਉਸ ਦੀ ਸੁਰਤ ਮਾਇਆ ਵਲੋਂ ਪਰਤ ਜਾਂਦੀ ਹੈ (ਫਿਰ ਉਹ) ਖੋਜ ਕਰ ਕੇ ਪਰਮਾਤਮਾ ਦਾ ਮਿਲਾਪ ਪ੍ਰਾਪਤ ਕਰ ਲੈਂਦਾ ਹੈ (ਪਰ ਅਜਿਹਾ ਹੁੰਦਾ) ਕੋਈ ਵਿਰਲਾ ਹੀ ਹੈ ॥੨॥

48450	1132	ਹਰਿ ਹਰਿ ਨਾਮੁ ਰਿਦੈ ਸਦ ਵਸਿਆ ਪਾਇਆ ਗੁਣੀ ਨਿਧਾਨੁ॥		Har Har Naam Ridhai Sadh Vasiaa Paaeiaa Gunee Nidhhaan ||	That person, whose heart is forever filled with the Name of the Lord, Har, Har, obtains the Lord, the Treasure of Virtue.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਸਦਾ ਵੱਸਿਆ ਰਹਿੰਦਾ ਹੈ, ਉਹ ਮਨੁੱਖ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਨੂੰ ਮਿਲ ਪੈਂਦਾ ਹੈ।
48451	1132	ਗੁਰ ਪਰਸਾਦੀ ਪੂਰਾ ਪਾਇਆ ਚੂਕਾ ਮਨ ਅਭਿਮਾਨੁ॥੩॥		Gur Parasaadhee Pooraa Paaeiaa Chookaa Man Abhimaan ||3||	By Guru's Grace, he finds the Perfect Lord; the egotistical pride of his mind is eradicated. ||3||	ਗੁਰੂ ਦੀ ਕਿਰਪਾ ਨਾਲ ਉਸ ਨੂੰ ਪੂਰਨ ਪ੍ਰਭੂ ਮਿਲ ਪੈਂਦਾ ਹੈ, ਉਸ ਦੇ ਮਨ ਦਾ ਅਹੰਕਾਰ ਦੂਰ ਹੋ ਜਾਂਦਾ ਹੈ ॥੩॥
48452	1132	ਆਪੇ ਕਰਤਾ ਕਰੇ ਕਰਾਏ ਆਪੇ ਮਾਰਗਿ ਪਾਏ॥		Aapae Karathaa Karae Karaaeae Aapae Maarag Paaeae ||	The Creator Himself acts, and causes all to act. He Himself places us on the path.	(ਪਰ, ਮਨਮੁਖ ਦੇ ਭੀ ਕੀਹ ਵੱਸ?) ਪਰਮਾਤਮਾ ਆਪ ਹੀ ਸਭ ਕੁਝ ਕਰਦਾ ਹੈ, ਆਪ ਹੀ (ਜੀਵਾਂ ਪਾਸੋਂ) ਕਰਾਂਦਾ ਹੈ, ਆਪ ਹੀ (ਜੀਵਾਂ ਨੂੰ) ਸਹੀ ਜੀਵਨ-ਰਾਹ ਤੇ ਪਾਂਦਾ ਹੈ, ਆਪ ਹੀ ਗੁਰੂ ਦੀ ਰਾਹੀਂ ਇੱਜ਼ਤ ਬਖ਼ਸ਼ਦਾ ਹੈ।
48453	1133	ਆਪੇ ਗੁਰਮੁਖਿ ਦੇ ਵਡਿਆਈ ਨਾਨਕ ਨਾਮਿ ਸਮਾਏ॥੪॥੯॥੧੯॥		Aapae Guramukh Dhae Vaddiaaee Naanak Naam Samaaeae ||4||9||19||	He Himself blesses the Gurmukh with glorious greatness; O Nanak, he merges in the Naam. ||4||9||19||	ਹੇ ਨਾਨਕ! (ਜਿਸ ਉਤੇ ਪਰਮਾਤਮਾ ਮਿਹਰ ਕਰਦਾ ਹੈ), ਉਹ ਹਰਿ-ਨਾਮ ਵਿਚ ਲੀਨ ਰਹਿੰਦਾ ਹੈ ॥੪॥੯॥੧੯॥
48454	1133	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	

48455	1133	ਮੇਰੀ ਪਟੀਆ ਲਿਖਹੁ ਹਰਿ ਗੋਵਿੰਦ ਗੋਪਾਲਾ॥		Maeree Patteeaa Likhahu Har Govindh Gopaalaa ||	Upon my writing tablet, I write the Name of the Lord, the Lord of the Universe, the Lord of the World.	(ਪ੍ਰਹਿਲਾਦ ਆਪਣੇ ਪੜ੍ਹਾਉਣ ਵਾਲਿਆਂ ਨੂੰ ਨਿੱਤ ਆਖਦਾ ਹੈ ਕਿ) ਮੇਰੀ ਪੱਟੀ ਉਤੇ ਹਰੀ ਦਾ ਨਾਮ ਲਿਖ ਦਿਉ, ਗੋਬਿੰਦ ਦਾ ਨਾਮ ਲਿਖ ਦਿਉ, ਗੋਪਾਲ ਦਾ ਨਾਮ ਲਿਖ ਦਿਉ।
48456	1133	ਦੂਜੈ ਭਾਇ ਫਾਥੇ ਜਮ ਜਾਲਾ॥		Dhoojai Bhaae Faathhae Jam Jaalaa ||	In the love of duality, the mortals are caught in the noose of the Messenger of Death.	ਜਿਹੜੇ ਮਨੁੱਖ ਨਿਰੇ ਮਾਇਆ ਦੇ ਪਿਆਰ ਵਿਚ ਰਹਿੰਦੇ ਹਨ, ਉਹ ਆਤਮਕ ਮੌਤ ਦੇ ਜਾਲ ਵਿਚ ਫਸੇ ਰਹਿੰਦੇ ਹਨ।
48457	1133	ਸਤਿਗੁਰੁ ਕਰੇ ਮੇਰੀ ਪ੍ਰਤਿਪਾਲਾ॥		Sathigur Karae Maeree Prathipaalaa ||	The True Guru nurtures and sustains me.	ਮੇਰਾ ਗੁਰੂ ਮੇਰੀ ਰਾਖੀ ਕਰ ਰਿਹਾ ਹੈ।
48458	1133	ਹਰਿ ਸੁਖਦਾਤਾ ਮੇਰੈ ਨਾਲਾ॥੧॥	ਨਾਲਾ:ਪੋਲਾ ਬੋਲੋ। ਨਾਲਾ: ਲ ਹਲੰਤ ਨ ਲਾਉ	Har Sukhadhaathaa Maerai Naalaa ||1||	The Lord, the Giver of peace, is always with me. ||1||	ਸਾਰੇ ਸੁਖ ਦੇਣ ਵਾਲਾ ਪਰਮਾਤਮਾ (ਹਰ ਵੇਲੇ) ਮੇਰੇ ਅੰਗ-ਸੰਗ ਵੱਸਦਾ ਹੈ ॥੧॥
48459	1133	ਗੁਰ ਉਪਦੇਸਿ ਪ੍ਰਹਿਲਾਦੁ ਹਰਿ ਉਚਰੈ॥	ਉੱਚਰੈ	Gur Oupadhaes Prehilaadh Har Oucharai ||	Following his Guru's instructions, Prahlaad chanted the Lord's Name;	(ਆਪਣੇ) ਗੁਰੂ ਦੀ ਸਿੱਖਿਆ ਉੱਤੇ ਤੁਰ ਕੇ ਪ੍ਰਹਿਲਾਦ ਪਰਮਾਤਮਾ ਦਾ ਨਾਮ ਜਪਦਾ ਹੈ।
48460	1133	ਸਾਸਨਾ ਤੇ ਬਾਲਕੁ ਗਮੁ ਨ ਕਰੈ॥੧॥ਰਹਾਉ॥	(ਸਾਸਨਾ) ਸਜ਼ਾ, (ਗਮੁ) ਸ਼ੋਕ	Saasanaa Thae Baalak Gam N Karai ||1|| Rehaao ||	He was a child, but he was not afraid when his teacher yelled at him. ||1||Pause||	ਬਾਲਕ (ਪ੍ਰਹਿਲਾਦ) ਕਿਸੇ ਭੀ ਸਰੀਰਕ ਕਸ਼ਟ ਤੋਂ ਡਰਦਾ ਨਹੀਂ ॥੧॥ ਰਹਾਉ ॥

48461	1133	ਮਾਤਾ ਉਪਦੇਸੈ ਪ੍ਰਹਿਲਾਦ ਪਿਆਰੇ॥		Maathaa Oupadhaesai Prehilaadh Piaarae ||	Prahlaad's mother gave her beloved son some advice:	(ਪ੍ਰਹਿਲਾਦ ਨੂੰ ਉਸ ਦੀ) ਮਾਂ ਸਮਝਾਂਦੀ ਹੈ-ਹੇ ਪਿਆਰੇ ਪ੍ਰਹਿਲਾਦ!
48462	1133	ਪੁਤ੍ਰ ਰਾਮ ਨਾਮੁ ਛੋਡਹੁ ਜੀਉ ਲੇਹੁ ਉਬਾਰੇ॥		Puthr Raam Naam Shhoddahu Jeeo Laehu Oubaarae ||	"My son, you must abandon the Lord's Name, and save your life!"	ਹੇ (ਮੇਰੇ) ਪੁੱਤਰ! ਪਰਮਾਤਮਾ ਦਾ ਨਾਮ ਛੱਡ ਦੇਹ, ਆਪਣੀ ਜਿੰਦ ਬਚਾ ਲੈ।
48463	1133	ਪ੍ਰਹਿਲਾਦੁ ਕਹੈ ਸੁਨਹੁ ਮੇਰੀ ਮਾਇ॥		Prehilaadh Kehai Sunahu Maeree Maae ||	Prahlaad said: ""Listen, O my mother;	(ਅੱਗੋਂ) ਪ੍ਰਹਿਲਾਦ ਆਖਦਾ ਹੈ ਕਿ ਹੇ ਮੇਰੀ ਮਾਂ! ਸੁਣ,
48464	1133	ਰਾਮ ਨਾਮੁ ਨ ਛੋਡਾ ਗੁਰਿ ਦੀਆ ਬੁਝਾਇ॥੨॥		Raam Naam N Shhoddaa Gur Dheeaa Bujhaae ||2||	I shall never give up the Lord's Name. My Guru has taught me this."||2||	ਮੈਂ ਪਰਮਾਤਮਾ ਦਾ ਨਾਮ ਨਹੀਂ ਛੱਡਾਂਗਾ (ਇਹ ਨਾਮ ਜਪਣਾ ਮੈਨੂੰ ਮੇਰੇ) ਗੁਰੂ ਨੇ ਸਮਝਾਇਆ ਹੈ ॥੨॥
48465	1133	ਸੰਡਾ ਮਰਕਾ ਸਭਿ ਜਾਇ ਪੁਕਾਰੇ॥	ਸ਼ੁਕ੍ਰਾਚਾਰਜ ਦੇ ਪੁੱਤ੍ਰ ਸੰਡਾ ਮਰਕਾ,ਦੈਂਤਾਂ ਦੇ ਬੱਚਿਆ ਨੂੰ ਪੜ੍ਹਾਉਂਦੇ ਸਨ	Sanddaa Marakaa Sabh Jaae Pukaarae ||	Sandaa and Markaa, his teachers, went to his father the king, and complained:	ਸੰਡ ਅਮਰਕ ਤੇ ਹੋਰ ਸਾਰਿਆਂ ਨੇ ਜਾ ਕੇ (ਹਰਨਾਖਸ਼ ਕੋਲ) ਪੁਕਾਰ ਕੀਤੀ-
48466	1133	ਪ੍ਰਹਿਲਾਦੁ ਆਪਿ ਵਿਗੜਿਆ ਸਭਿ ਚਾਟੜੇ ਵਿਗਾੜੇ॥		Prehilaadh Aap Vigarriaa Sabh Chaattarrae Vigaarrae ||	"Prahlaad himself has gone astray, and he leads all the other pupils astray."	ਪ੍ਰਹਿਲਾਦ ਆਪ ਵਿਗੜਿਆ ਹੋਇਆ ਹੈ, (ਉਸ ਨੇ) ਸਾਰੇ ਮੁੰਡੇ ਭੀ ਵਿਗਾੜ ਦਿੱਤੇ ਹਨ।

48467	1133	ਦੁਸਟ ਸਭਾ ਮਹਿ ਮੰਤ੍ਰੁ ਪਕਾਇਆ॥		Dhusatt Sabhaa Mehi Manthra Pakaaeiaa ||	In the court of the wicked king, a plan was hatched.	(ਇਹ ਸੁਣ ਕੇ) ਉਹਨਾਂ ਦੁਸ਼ਟਾਂ ਨੇ ਰਲ ਕੇ ਸਲਾਹ ਪੱਕੀ ਕੀਤੀ (ਕਿ ਪ੍ਰਹਿਲਾਦ ਨੂੰ ਮਾਰ ਮੁਕਾਈਏ।)
48468	1133	ਪ੍ਰਹਲਾਦ ਕਾ ਰਾਖਾ ਹੋਇ ਰਘੁਰਾਇਆ॥੩॥		Prehalaadh Kaa Raakhaa Hoe Raghuraaeiaa ||3||	God is the Savior of Prahlaad. ||3||	(ਪਰ) ਪ੍ਰਹਿਲਾਦ ਦਾ ਰਾਖਾ ਆਪ ਪਰਮਾਤਮਾ ਬਣ ਗਿਆ ॥੩॥
48469	1133	ਹਾਥਿ ਖੜਗੁ ਕਰਿ ਧਾਇਆ ਅਤਿ ਅਹੰਕਾਰਿ॥	(ਅਤਿ) ਅਤਿਅੰਤ	Haathh Kharrag Kar Dhhaaeiaa Ath Ahankaar ||	With sword in hand, and with great egotistical pride, Prahlaad's father ran up to him.	(ਹਰਨਾਖਸ਼) ਹੱਥ ਵਿਚ ਤਲਵਾਰ ਫੜ ਕੇ ਬੜੇ ਅਹੰਕਾਰ ਨਾਲ (ਪ੍ਰਹਿਲਾਦ ਉੱਤੇ) ਟੁੱਟ ਪਿਆ,
48470	1133	ਹਰਿ ਤੇਰਾ ਕਹਾ ਤੁਝੁ ਲਏ ਉਬਾਰਿ॥		Har Thaeraa Kehaa Thujh Leae Oubaar ||	"Where is your Lord, who will save you?"	(ਅਤੇ ਕਹਿਣ ਲੱਗਾ-ਦੱਸ) ਕਿੱਥੇ ਹੈ ਤੇਰਾ ਹਰੀ, ਜਿਹੜਾ (ਤੈਨੂੰ) ਬਚਾ ਲਏ?
48471	1133	ਖਿਨ ਮਹਿ ਭੈਆਨ ਰੂਪੁ ਨਿਕਸਿਆ ਥੰਮ੍ਹ ਉਪਾੜਿ॥		Khin Mehi Bhaiaan Roop Nikasiaa Thhanmh Oupaarr ||	In an instant, the Lord appeared in a dreadful form, and shattered the pillar.	(ਇਹ ਆਖਣ ਦੀ ਢਿੱਲ ਸੀ ਕਿ ਝੱਟ) ਇਕ ਖਿਨ ਵਿਚ ਹੀ (ਪਰਮਾਤਮਾ) ਭਿਆਨਕ ਰੂਪ (ਧਾਰ ਕੇ) ਥੰਮ੍ਹ ਪਾੜ ਕੇ ਨਿਕਲ ਆਇਆ।
48472	1133	ਹਰਣਾਖਸੁ ਨਖੀ ਬਿਦਾਰਿਆ ਪ੍ਰਹਲਾਦੁ ਲੀਆ ਉਬਾਰਿ ॥੪॥		Haranaakhas Nakhee Bidhaariaa Prehalaadh Leeaa Oubaar ||4||	Harnaakhash was torn apart by His claws, and Prahlaad was saved. ||4||	(ਉਸ ਨੇ ਨਰਸਿੰਘ ਰੂਪ ਵਿਚ) ਹਰਨਾਖਸ਼ ਨੂੰ (ਆਪਣੇ ਨਹੁੰਆਂ ਨਾਲ ਚੀਰ ਦਿੱਤਾ, ਤੇ, ਪ੍ਰਹਿਲਾਦ ਨੂੰ ਬਚਾ ਲਿਆ ॥੪॥

48473	1133	ਸੰਤ ਜਨਾ ਕੇ ਹਰਿ ਜੀਉ ਕਾਰਜ ਸਵਾਰੇ॥		Santh Janaa Kae Har Jeeo Kaaraj Savaarae ||	The Dear Lord completes the tasks of the Saints.	ਪਰਮਾਤਮਾ ਸਦਾ ਆਪਣੇ ਭਗਤਾਂ ਦੇ ਸਾਰੇ ਕੰਮ ਸਵਾਰਦਾ ਹੈ।
48474	1133	ਪ੍ਰਹਲਾਦ ਜਨ ਕੇ ਇਕੀਹ ਕੁਲ ਉਧਾਰੇ॥	ਇੱਕੀਹ	Prehalaadh Jan Kae Eikeeh Kul Oudhhaarae ||	He saved twenty-one generations of Prahlaad's descendents.	(ਵੇਖ! ਉਸ ਨੇ) ਪ੍ਰਹਿਲਾਦ ਦੀਆਂ ਇੱਕੀ ਕੁਲਾਂ (ਭੀ) ਤਾਰ ਦਿੱਤੀਆਂ।
48475	1133	ਗੁਰ ਕੈ ਸਬਦਿ ਹਉਮੈ ਬਿਖੁ ਮਾਰੇ॥		Gur Kai Sabadh Houmai Bikh Maarae ||	Through the Word of the Guru's Shabad, the poison of egotism is neutralized.	ਪਰਮਾਤਮਾ ਆਪਣੇ ਸੰਤਾਂ ਨੂੰ ਗੁਰੂ ਸ਼ਬਦ ਵਿਚ ਜੋੜ ਕੇ (ਉਹਨਾਂ ਦੇ ਅੰਦਰੋਂ) ਆਤਮਕ ਮੌਤ ਲਿਆਉਣ ਵਾਲੀ ਹਉਮੈ ਮੁਕਾ ਦੇਂਦਾ ਹੈ,
48476	1133	ਨਾਨਕ ਰਾਮ ਨਾਮਿ ਸੰਤ ਨਿਸਤਾਰੇ॥੫॥੧੦॥੨੦॥		Naanak Raam Naam Santh Nisathaarae ||5||10||20||	O Nanak, through the Name of the Lord, the Saints are emancipated. ||5||10||20||	ਤੇ, ਹੇ ਨਾਨਕ! ਹਰਿ-ਨਾਮ ਵਿਚ ਜੋੜ ਕੇ ਉਹਨਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ ॥੫॥੧੦॥੨੦॥
48477	1133	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	
48478	1133	ਆਪੇ ਦੈਤ ਲਾਇ ਦਿਤੇ ਸੰਤ ਜਨਾ ਕਉ ਆਪੇ ਰਾਖਾ ਸੋਈ॥	ਦੈਂਤ	Aapae Dhaith Laae Dhithae Santh Janaa Ko Aapae Raakhaa Soee ||	The Lord Himself makes demons pursue the Saints, and He Himself saves them.	ਪਰਮਾਤਮਾ ਆਪ ਹੀ (ਆਪਣੇ) ਸੰਤ ਜਨਾਂ ਨੂੰ (ਦੁੱਖ ਦੇਣ ਲਈ ਉਹਨਾਂ ਨੂੰ) ਦੈਂਤ ਚੰਬੋੜ ਦੇਂਦਾ ਹੈ, ਪਰ ਉਹ ਪ੍ਰਭੂ ਆਪ ਹੀ (ਸੰਤ ਜਨਾਂ ਦਾ) ਰਾਖਾ ਬਣਦਾ ਹੈ।

48479	1133	ਜੋ ਤੇਰੀ ਸਦਾ ਸਰਣਾਈ ਤਿਨ ਮਨਿ ਦੁਖੁ ਨ ਹੋਈ॥੧॥		Jo Thaeree Sadhaa Saranaaee Thin Man Dhukh N Hoee ||1||	Those who remain forever in Your Sanctuary, O Lord - their minds are never touched by sorrow. ||1||	ਹੇ ਪ੍ਰਭੂ! ਜਿਹੜੇ ਮਨੁੱਖ ਤੇਰੀ ਸਰਨ ਵਿਚ ਸਦਾ ਟਿਕੇ ਰਹਿੰਦੇ ਹਨ (ਦੁਸ਼ਟ ਭਾਵੇਂ ਕਿਤਨੇ ਹੀ ਕਸ਼ਟ ਉਹਨਾਂ ਨੂੰ ਦੇਣ) ਉਹਨਾਂ ਦੇ ਮਨ ਵਿਚ ਕੋਈ ਤਕਲੀਫ਼ ਨਹੀਂ ਹੁੰਦੀ ॥੧॥
48480	1133	ਜੁਗਿ ਜੁਗਿ ਭਗਤਾ ਕੀ ਰਖਦਾ ਆਇਆ॥		Jug Jug Bhagathaa Kee Rakhadhaa Aaeiaa ||	In each and every age, the Lord saves the honor of His devotees.	ਹਰੇਕ ਜੁਗ ਵਿਚ (ਪਰਮਾਤਮਾ ਆਪਣੇ) ਭਗਤਾਂ ਦੀ (ਇੱਜ਼ਤ) ਰੱਖਦਾ ਆਇਆ ਹੈ।
48481	1133	ਦੈਤ ਪੁਤ੍ਰੁ ਪ੍ਰਹਲਾਦੁ ਗਾਇਤ੍ਰੀ ਤਰਪਣੁ ਕਿਛੂ ਨ ਜਾਣੈ ਸਬਦੇ ਮੇਲਿ ਮਿਲਾਇਆ॥੧॥ਰਹਾਉ॥	(ਤਰਪਣੁ) ਹਿੰਦੂ ਮਤਿ, ਮੰਤ੍ਰ ਪਾਠ ਕਰਕੇ, ਦੇਵਤੇ, ਪਿੱਤ੍ਰਾਂ ਨੂੰ ਤ੍ਰਿਪਤ ਕਰਨ ਲਈ, ਹੱਥ ਅਥਵਾ ਅਰਘੇ ਪਾਣੀ ਦੇਣ ਦਾ ਕਰਮੁ ਤਰਪਣੁ ਹੈ। ਦੈਂਤ	Dhaith Puthra Prehalaadh Gaaeithree Tharapan Kishhoo N Jaanai Sabadhae Mael Milaaeiaa ||1|| Rehaao ||	Prahlaad, the demon's son, knew nothing of the Hindu morning prayer, the Gayatri, and nothing about ceremonial water-offerings to his ancestors; but through the Word of the Shabad, he was united in the Lord's Union. ||1||Pause||	(ਵੇਖੋ) ਦੈਂਤ (ਹਰਨਾਖਸ਼) ਦਾ ਪੁੱਤਰ ਪ੍ਰਹਿਲਾਦ ਗਾਇਤ੍ਰੀ (ਮੰਤ੍ਰ ਦਾ ਪਾਠ ਕਰਨਾ; ਪਿਤਰਾਂ ਦੀ ਪ੍ਰਸੰਨਤਾ ਵਾਸਤੇ) ਪੂਜਾ-ਅਰਚਾ (ਕਰਨੀ-) ਇਹ ਕੁਝ ਭੀ ਨਹੀਂ ਸੀ ਜਾਣਦਾ। (ਪਰਮਾਤਮਾ ਨੇ ਉਸ ਨੂੰ ਗੁਰੂ ਦੇ) ਸ਼ਬਦ ਵਿਚ ਜੋੜ ਕੇ (ਆਪਣੇ ਚਰਨਾਂ ਵਿਚ) ਜੋੜ ਲਿਆ ॥੧॥ ਰਹਾਉ ॥

48482	1133	ਅਨਦਿਨੁ ਭਗਤਿ ਕਰਹਿ ਦਿਨ ਰਾਤੀ ਦੁਬਿਧਾ ਸਬਦੇ ਖੋਈ॥		Anadhin Bhagath Karehi Dhin Raathee Dhubidhhaa Sabadhae Khoee ||	Night and day, he performed devotional worship service, day and night, and through the Shabad, his duality was eradicated.	ਜਿਹੜੇ ਮਨੁੱਖ ਦਿਨ ਰਾਤ ਹਰ ਵੇਲੇ ਪਰਮਾਤਮਾ ਦੀ ਭਗਤੀ ਕਰਦੇ ਹਨ, ਉਹਨਾਂ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਮੇਰ-ਤੇਰ ਮੁਕਾ ਲਈ ਹੁੰਦੀ ਹੈ।
48483	1133	ਸਦਾ ਨਿਰਮਲ ਹੈ ਜੋ ਸਚਿ ਰਾਤੇ ਸਚੁ ਵਸਿਆ ਮਨਿ ਸੋਈ॥੨॥		Sadhaa Niramal Hai Jo Sach Raathae Sach Vasiaa Man Soee ||2||	Those who are imbued with Truth are immaculate and pure; the True Lord abides within their minds. ||2||	ਜਿਹੜੇ ਮਨੁੱਖ ਸਦਾ-ਥਿਰ ਹਰਿ-ਨਾਮ ਵਿਚ ਰੱਤੇ ਰਹਿੰਦੇ ਹਨ, ਜਿਨ੍ਹਾਂ ਦੇ ਮਨ ਵਿਚ ਉਹ ਸਦਾ-ਥਿਰ ਪ੍ਰਭੂ ਹੀ ਵੱਸਿਆ ਰਹਿੰਦਾ ਹੈ ਉਹਨਾਂ ਦਾ ਜੀਵਨ ਸਦਾ ਪਵਿੱਤਰ ਟਿਕਿਆ ਰਹਿੰਦਾ ਹੈ ॥੨॥
48484	1133	ਮੂਰਖ ਦੁਬਿਧਾ ਪੜਹਿ ਮੂਲੁ ਨ ਪਛਾਣਹਿ ਬਿਰਥਾ ਜਨਮੁ ਗਵਾਇਆ॥		Moorakh Dhubidhhaa Parrhehi Mool N Pashhaanehi Birathhaa Janam Gavaaeiaa ||	The fools in duality read, but they do not understand anything; they waste their lives uselessly.	ਮੂਰਖ ਲੋਕ ਮੇਰ-ਤੇਰ (ਪੈਦਾ ਕਰਨ ਵਾਲੀ ਵਿੱਦਿਆ ਹੀ ਨਿੱਤ) ਪੜ੍ਹਦੇ ਹਨ, ਰਚਨਹਾਰ ਕਰਤਾਰ ਨਾਲ ਸਾਂਝ ਨਹੀਂ ਪਾਂਦੇ।

48485	1133	ਸੰਤ ਜਨਾ ਕੀ ਨਿੰਦਾ ਕਰਹਿ ਦੁਸਟੁ ਦੈਤੁ ਚਿੜਾਇਆ॥੩॥	ਦੈਂਤ	Santh Janaa Kee Nindhaa Karehi Dhusatt Dhaith Chirraaeiaa ||3||	The wicked demon slandered the Saint, and stirred up trouble. ||3||	ਸੰਤ ਜਨਾਂ ਦੀ ਨਿੰਦਾ (ਭੀ) ਕਰਦੇ ਹਨ (ਇਸ ਤਰ੍ਹਾਂ ਆਪਣਾ) ਜੀਵਨ ਵਿਅਰਥ ਗਵਾ ਦੇਂਦੇ ਹਨ। (ਇਹੋ ਜਿਹੇ ਮੂਰਖ ਸੰਡ ਅਮਰਕ ਆਦਿਕਾਂ ਨੇ ਹੀ) ਦੁਸ਼ਟ ਦੈਂਤ (ਹਰਨਾਖਸ਼) ਨੂੰ (ਪ੍ਰਹਿਲਾਦ ਦੇ ਵਿਰੁਧ) ਭੜਕਾਇਆ ਸੀ ॥੩॥
48486	1133	ਪ੍ਰਹਲਾਦੁ ਦੁਬਿਧਾ ਨ ਪੜੈ ਹਰਿ ਨਾਮੁ ਨ ਛੋਡੈ ਡਰੈ ਨ ਕਿਸੈ ਦਾ ਡਰਾਇਆ॥		Prehalaadh Dhubidhhaa N Parrai Har Naam N Shhoddai Ddarai N Kisai Dhaa Ddaraaeiaa ||	Prahlaad did not read in duality, and he did not abandon the Lord's Name; he was not afraid of any fear.	ਪਰ ਪ੍ਰਹਿਲਾਦ ਮੇਰ-ਤੇਰ (ਪੈਦਾ ਕਰਨ ਵਾਲੀ ਵਿੱਦਿਆ) ਨਹੀਂ ਪੜ੍ਹਦਾ, ਉਹ ਪਰਮਾਤਮਾ ਦਾ ਨਾਮ ਨਹੀਂ ਛੱਡਦਾ, ਉਹ ਕਿਸੇ ਦਾ ਡਰਾਇਆ ਡਰਦਾ ਨਹੀਂ।
48487	1133	ਸੰਤ ਜਨਾ ਕਾ ਹਰਿ ਜੀਉ ਰਾਖਾ ਦੈਤੈ ਕਾਲੁ ਨੇੜਾ ਆਇਆ॥੪॥	ਦੈਂਤੈ	Santh Janaa Kaa Har Jeeo Raakhaa Dhaithai Kaal Naerraa Aaeiaa ||4||	The Dear Lord became the Savior of the Saint, and the demonic Death could not even approach him. ||4||	ਪਰਮਾਤਮਾ ਆਪਣੇ ਸੰਤ ਜਨਾਂ ਦਾ ਰਖਵਾਲਾ ਆਪ ਹੈ। (ਪ੍ਰਹਿਲਾਦ ਨਾਲ ਅੱਡਾ ਲਾ ਕੇ ਮੂਰਖ ਹਰਨਾਖਸ਼) ਦੈਂਤ ਦਾ ਕਾਲ (ਸਗੋਂ) ਨੇੜੇ ਆ ਪਹੁੰਚਿਆ ॥੪॥

48488	1133	ਆਪਣੀ ਪੈਜ ਆਪੇ ਰਾਖੈ ਭਗਤਾਂ ਦੇਇ ਵਡਿਆਈ॥		Aapanee Paij Aapae Raakhai Bhagathaan Dhaee Vaddiaaee ||	The Lord Himself saved his honor, and blessed his devotee with glorious greatness.	(ਭਗਤਾਂ ਦੀ ਇੱਜ਼ਤ ਤੇ ਪਰਮਾਤਮਾ ਦੀ ਇੱਜ਼ਤ ਸਾਂਝੀ ਹੈ। ਭਗਤਾਂ ਦੀ ਇੱਜ਼ਤ ਨੂੰ ਆਪਣੀ ਇੱਜ਼ਤ ਜਾਣ ਕੇ) ਪਰਮਾਤਮਾ (ਭਗਤਾਂ ਦੀ ਮਦਦ ਕਰ ਕੇ) ਆਪਣੀ ਇੱਜ਼ਤ ਆਪ ਬਚਾਂਦਾ ਹੈ, (ਆਪਣੇ) ਭਗਤਾਂ ਨੂੰ (ਸਦਾ) ਵਡਿਆਈ ਬਖ਼ਸ਼ਦਾ ਹੈ।
48489	1133	ਨਾਨਕ ਹਰਣਾਖਸੁ ਨਖੀ ਬਿਦਾਰਿਆ ਅੰਧੈ ਦਰ ਕੀ ਖਬਰਿ ਨ ਪਾਈ॥੫॥੧੧॥੨੧॥	ਨਖੀਂ	Naanak Haranaakhas Nakhee Bidhaariaa Andhhai Dhar Kee Khabar N Paaee ||5||11||21||	O Nanak, Harnaakhash was torn apart by the Lord with His claws; the blind demon knew nothing of the Lord's Court. ||5||11||21||	(ਤਾਹੀਏਂ) ਹੇ ਨਾਨਕ! (ਪਰਮਾਤਮਾ ਨੇ ਨਰਸਿੰਘ ਰੂਪ ਧਾਰ ਕੇ) ਹਰਨਾਖਸ਼ ਨੂੰ (ਆਪਣੇ) ਨਹੁੰਆਂ ਨਾਲ ਚੀਰ ਦਿੱਤਾ। (ਤਾਕਤ ਦੇ ਮਾਣ ਵਿਚ) ਅੰਨ੍ਹੇ ਹੋ ਚੁਕੇ (ਹਰਨਾਖਸ) ਨੇ ਪਰਮਾਤਮਾ ਦੇ ਦਰ ਦਾ ਭੇਤ ਨਾਹ ਸਮਝਿਆ ॥੫॥੧੧॥੨੧॥
48490	1133	ਰਾਗੁ ਭੈਰਉ ਮਹਲਾ ੪ ਚਉਪਦੇ ਘਰੁ ੧		Raag Bhairo Mehalaa 4 Choupadhae Ghar 1	Raag Bhairao, Fourth Mehl, Chaupadas, First House:	ਰਾਗ ਭੈਰਉ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
48491	1133	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

48492	1133	ਹਰਿ ਜਨ ਸੰਤ ਕਰਿ ਕਿਰਪਾ ਪਗਿ ਲਾਇਣੁ॥	ਪਗਿ: ਪੋਲਾ ਬੋਲੋ	Har Jan Santh Kar Kirapaa Pag Laaein ||	The Lord, in His Mercy, attaches mortals to the feet of the Saints.	ਹੇ ਮੇਰੇ ਮਨ! (ਪਰਮਾਤਮਾ ਆਪ) ਕਿਰਪਾ ਕਰ ਕੇ (ਜਿਸ ਮਨੁੱਖ ਨੂੰ ਆਪਣੇ) ਸੰਤ ਜਨਾਂ ਦੀ ਚਰਨੀਂ ਲਾਂਦਾ ਹੈ (ਉਹ ਮਨੁੱਖ ਹਰੀ ਨਾਮ ਜਪਦਾ ਹੈ)।
48493	1134	ਗੁਰ ਸਬਦੀ ਹਰਿ ਭਜੁ ਸੁਰਤਿ ਸਮਾਇਣੁ॥੧॥		Gur Sabadhee Har Bhaj Surath Samaaein ||1||	Through the Word of the Guru's Shabad, vibrate and meditate on the Lord; let your awareness be absorbed in Him. ||1||	ਹੇ ਮਨ! (ਤੂੰ ਭੀ ਗੁਰੂ ਦੀ ਸਰਨ ਪਉ, ਤੇ) ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦਾ ਨਾਮ ਜਪ, ਆਪਣੀ ਸੁਰਤ ਵਿਚ ਹਰਿ-ਨਾਮ ਦੀ ਜਾਗ ਲਾ ॥੧॥
48494	1134	ਮੇਰੇ ਮਨ ਹਰਿ ਭਜੁ ਨਾਮੁ ਨਰਾਇਣੁ॥		Maerae Man Har Bhaj Naam Naraaein ||	O my mind, vibrate and meditate on the Lord and the Name of the Lord.	ਹੇ ਮੇਰੇ ਮਨ! ਹਰੀ ਦਾ ਨਾਮ ਜਪਿਆ ਕਰ, ਨਾਰਾਇਣ ਨਾਰਾਇਣ ਜਪਿਆ ਕਰ।
48495	1134	ਹਰਿ ਹਰਿ ਕ੍ਰਿਪਾ ਕਰੇ ਸੁਖਦਾਤਾ ਗੁਰਮੁਖਿ ਭਵਜਲੁ ਹਰਿ ਨਾਮਿ ਤਰਾਇਣੁ॥੧॥ਰਹਾਉ ॥		Har Har Kirapaa Karae Sukhadhaathaa Guramukh Bhavajal Har Naam Tharaaein ||1|| Rehaao ||	The Lord, Har, Har, the Giver of Peace, grants His Grace; the Gurmukh crosses over the terrifying world-ocean through the Name of the Lord. ||1||Pause||	ਸਾਰੇ ਸੁਖਾਂ ਦਾ ਦੇਣ ਵਾਲਾ ਪਰਮਾਤਮਾ ਜਿਸ ਮਨੁੱਖ ਉਤੇ ਕਿਰਪਾ ਕਰਦਾ ਹੈ, ਉਸ ਨੂੰ ਗੁਰੂ ਦੀ ਸਰਨ ਵਿਚ ਰੱਖ ਕੇ ਆਪਣੇ ਨਾਮ ਦੀ ਰਾਹੀਂ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ॥੧॥ ਰਹਾਉ ॥

48496	1134	ਸੰਗਤਿ ਸਾਧ ਮੇਲਿ ਹਰਿ ਗਾਇਣੁ॥		Sangath Saadhh Mael Har Gaaein ||	Joining the Saadh Sangat, the Company of the Holy, sing of the Lord.	ਹੇ ਮੇਰੇ ਮਨ! ਸਾਧ ਸੰਗਤ ਦੇ ਮੇਲ ਵਿਚ ਟਿਕ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਿਆ ਕਰ,
48497	1134	ਗੁਰਮਤੀ ਲੇ ਰਾਮ ਰਸਾਇਣੁ॥੨॥		Guramathee Lae Raam Rasaaein ||2||	Follow the Guru's Teachings, and you shall obtain the Lord, the Source of Nectar. ||2||	ਗੁਰੂ ਦੀ ਮੱਤ ਉਤੇ ਤੁਰ ਕੇ ਪਰਮਾਤਮਾ ਦਾ ਨਾਮ ਜਪਿਆ ਕਰ, ਇਹ ਨਾਮ ਹੀ ਸਾਰੇ ਰਸਾਂ ਦਾ ਘਰ ਹੈ ॥੨॥
48498	1134	ਗੁਰ ਸਾਧੂ ਅੰਮ੍ਰਿਤ ਗਿਆਨ ਸਰਿ ਨਾਇਣੁ॥	ਨ੍ਹਾਇਣੁ	Gur Saadhhoo Anmrith Giaan Sar Naaein ||	Bathe in the pool of ambrosial nectar, the spiritual wisdom of the Holy Guru.	ਹੇ ਮੇਰੇ ਮਨ! ਜਿਹੜਾ ਮਨੁੱਖ ਗੁਰੂ ਦੇ ਆਤਮਕ ਜੀਵਨ ਦੇਣ ਵਾਲੇ ਗਿਆਨ-ਸਰੋਵਰ ਵਿਚ ਇਸ਼ਨਾਨ ਕਰਦਾ ਹੈ,
48499	1134	ਸਭਿ ਕਿਲਵਿਖ ਪਾਪ ਗਏ ਗਾਵਾਇਣੁ॥੩॥		Sabh Kilavikh Paap Geae Gaavaaein ||3||	All sins will be eliminated and eradicated. ||3||	ਉਸ ਦੇ ਸਾਰੇ ਪਾਪ ਸਾਰੇ ਐਬ ਦੂਰ ਹੋ ਜਾਂਦੇ ਹਨ ॥੩॥
48500	1134	ਤੂ ਆਪੇ ਕਰਤਾ ਸ੍ਰਿਸਟਿ ਧਰਾਇਣੁ॥		Thoo Aapae Karathaa Srisatt Dhharaaein ||	You Yourself are the Creator, the Support of the Universe.	ਹੇ ਪ੍ਰਭੂ! ਤੂੰ ਆਪ ਹੀ ਸਾਰੀ ਸ੍ਰਿਸ਼ਟੀ ਦਾ ਰਚਨਹਾਰ ਹੈਂ, ਤੂੰ ਆਪ ਹੀ ਸਾਰੀ ਸ੍ਰਿਸ਼ਟੀ ਦਾ ਆਸਰਾ ਹੈਂ।
48501	1134	ਜਨੁ ਨਾਨਕੁ ਮੇਲਿ ਤੇਰਾ ਦਾਸ ਦਸਾਇਣੁ॥੪॥੧॥		Jan Naanak Mael Thaeraa Dhaas Dhasaaein ||4||1||	Please unite servant Nanak with Yourself; he is the slave of Your slaves. ||4||1||	ਦਾਸ ਨਾਨਕ ਨੂੰ (ਆਪਣੇ ਚਰਨਾਂ ਵਿਚ) ਮਿਲਾਈ ਰੱਖ, (ਨਾਨਕ) ਤੇਰੇ ਦਾਸਾਂ ਦਾ ਦਾਸ ਹੈ ॥੪॥੧॥
48502	1134	ਭੈਰਉ ਮਹਲਾ ੪॥		Bhairo Mehalaa 4 ||	Bhairao, Fourth Mehl:	

48503	1134	ਬੋਲਿ ਹਰਿ ਨਾਮੁ ਸਫਲ ਸਾ ਘਰੀ॥		Bol Har Naam Safal Saa Gharee ||	Fruitful is that moment when the Lord's Name is spoken.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਜਪਿਆ ਕਰ (ਜਿਸ ਘੜੀ ਨਾਮ ਜਪੀਦਾ ਹੈ) ਉਹ ਘੜੀ ਸੁਲੱਖਣੀ ਹੁੰਦੀ ਹੈ।
48504	1134	ਗੁਰ ਉਪਦੇਸਿ ਸਭਿ ਦੁਖ ਪਰਹਰੀ॥੧॥		Gur Oupadhaes Sabh Dhukh Pareharee ||1||	Following the Guru's Teachings, all pains are taken away. ||1||	ਹੇ ਮਨ! ਗੁਰੂ ਦੇ ਉਪਦੇਸ਼ ਦੀ ਰਾਹੀਂ (ਹਰਿ-ਨਾਮ ਜਪ ਕੇ ਆਪਣੇ) ਸਾਰੇ ਦੁੱਖ ਦੂਰ ਕਰ ਲੈ ॥੧॥
48505	1134	ਮੇਰੇ ਮਨ ਹਰਿ ਭਜੁ ਨਾਮੁ ਨਰਹਰੀ॥		Maerae Man Har Bhaj Naam Nareharee ||	O my mind, vibrate the Name of the Lord.	ਹੇ ਮੇਰੇ ਮਨ! ਹਰੀ ਦਾ, ਪਰਮਾਤਮਾ ਦਾ ਨਾਮ ਜਪਿਆ ਕਰ (ਤੇ, ਆਖਿਆ ਕਰ-ਹੇ ਪ੍ਰਭੂ!)
48506	1134	ਕਰਿ ਕਿਰਪਾ ਮੇਲਹੁ ਗੁਰੁ ਪੂਰਾ ਸਤਸੰਗਤਿ ਸੰਗਿ ਸਿੰਧੁ ਭਉ ਤਰੀ॥੧॥ ਰਹਾਉ॥		Kar Kirapaa Maelahu Gur Pooraa Sathasangath Sang Sindhh Bho Tharee ||1|| Rehaao ||	O Lord, be merciful, and unite me with the Perfect Guru. Joining with the Sat Sangat, the True Congregation, I shall cross over the terrifying world-ocean. ||1||Pause||	ਕਿਰਪਾ ਕਰ ਕੇ ਜਿਸ ਮਨੁੱਖ ਨੂੰ ਤੂੰ ਪੂਰਾ ਗੁਰੂ ਮਿਲਾਂਦਾ ਹੈਂ ਉਹ ਸਤਸੰਗਤ ਨਾਲ (ਮਿਲ ਕੇ ਤੇਰਾ ਨਾਮ ਜਪ ਕੇ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੧॥ ਰਹਾਉ ॥
48507	1134	ਜਗਜੀਵਨੁ ਧਿਆਇ ਮਨਿ ਹਰਿ ਸਿਮਰੀ॥	ਜੱਗਜੀਵਨੁ	Jagajeevan Dhhiaae Man Har Simaree ||	Meditate on the Life of the World; remember the Lord in your mind.	ਜਗਤ ਦੇ ਆਸਰੇ ਪਰਮਾਤਮਾ ਦਾ ਧਿਆਨ ਧਰਿਆ ਕਰ, ਆਪਣੇ ਮਨ ਵਿਚ ਹਰਿ-ਨਾਮ ਸਿਮਰਿਆ ਕਰ।

48508	1134	ਕੋਟ ਕੋਟੰਤਰ ਤੇਰੇ ਪਾਪ ਪਰਹਰੀ॥੨॥		Kott Kottanthar Thaerae Paap Pareharee ||2||	Millions upon millions of your sins shall be taken away. ||2||	ਪਰਮਾਤਮਾ ਤੇਰੇ ਅਨੇਕਾਂ ਜਨਮਾਂ ਦੇ ਪਾਪ ਦੂਰ ਕਰ ਦੇਵੇਗਾ ॥੨॥
48509	1134	ਸਤਸੰਗਤਿ ਸਾਧ ਧੂਰਿ ਮੁਖਿ ਪਰੀ॥		Sathasangath Saadhh Dhhoor Mukh Paree ||	In the Sat Sangat, apply the dust of the feet of the holy to your face;	ਹੇ ਮੇਰੇ ਮਨ! ਜਿਸ ਮਨੁੱਖ ਦੇ ਮੱਥੇ ਉੱਤੇ ਸਾਧ ਸੰਗਤ ਦੀ ਚਰਨ-ਧੂੜ ਲੱਗਦੀ ਹੈ,
48510	1134	ਇਸਨਾਨੁ ਕੀਓ ਅਠਸਠਿ ਸੁਰਸਰੀ॥੩॥	ਸੁਰ-ਸਰੀ	Eisanaan Keeou Athasath Surasaree ||3||	This is how to bathe in the sixty-eight sacred shrines, and the Ganges. ||3||	ਉਸ ਨੇ (ਮਾਨੋ) ਅਠਾਹਠ ਤੀਰਥਾਂ ਦਾ ਇਸ਼ਨਾਨ ਕਰ ਲਿਆ, ਗੰਗਾ ਦਾ ਇਸ਼ਨਾਨ ਕਰ ਲਿਆ ॥੩॥
48511	1134	ਹਮ ਮੂਰਖ ਕਉ ਹਰਿ ਕਿਰਪਾ ਕਰੀ॥		Ham Moorakh Ko Har Kirapaa Karee ||	I am a fool; the Lord has shown mercy to me.	ਸਭ ਨੂੰ ਤਾਰਣ ਦੀ ਸਮਰਥਾ ਵਾਲੇ ਹਰੀ ਨੇ ਮੈਂ ਮੂਰਖ ਉੱਤੇ ਭੀ ਕਿਰਪਾ ਕੀਤੀ,
48512	1134	ਜਨੁ ਨਾਨਕੁ ਤਾਰਿਓ ਤਾਰਣ ਹਰੀ॥੪॥੨॥		Jan Naanak Thaariou Thaaran Haree ||4||2||	The Savior Lord has saved servant Nanak. ||4||2||	ਤੇ (ਮੈਨੂੰ) ਦਾਸ ਨਾਨਕ ਨੂੰ ਭੀ ਉਸ ਨੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲਿਆ (ਆਪਣਾ ਨਾਮ ਦੇ ਕੇ) ॥੪॥੨॥
48513	1134	ਭੈਰਉ ਮਹਲਾ ੪॥		Bhairo Mehalaa 4 ||	Bhairao, Fourth Mehl:	
48514	1134	ਸੁਕ੍ਰਿਤੁ ਕਰਣੀ ਸਾਰੁ ਜਪਮਾਲੀ॥	ਸੁ-ਕ੍ਰਿਤੁ।ਜਪਮਾਲੀ: ਪੋਲਾ ਬੋਲੋ	Sukirath Karanee Saar Japamaalee ||	To do good deeds is the best rosary.	(ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ) ਸੰਭਾਲ ਰੱਖ, ਇਹੀ ਹੈ ਸਭ ਤੋਂ ਸ੍ਰੇਸ਼ਟ ਕਰਨ-ਜੋਗ ਕੰਮ, ਇਹੀ ਹੈ ਮਾਲਾ।

48515	1134	ਹਿਰਦੈ ਫੇਰਿ ਚਲੈ ਤੁਧੁ ਨਾਲੀ॥੧॥		Hiradhai Faer Chalai Thudhh Naalee ||1||	Chant on the beads within your heart, and it shall go along with you. ||1||	(ਇਸ ਹਰਿ-ਨਾਮ ਸਿਮਰਨ ਦੀ ਮਾਲਾ ਨੂੰ ਆਪਣੇ) ਹਿਰਦੇ ਵਿਚ ਫੇਰਿਆ ਕਰ। ਇਹ ਹਰਿ-ਨਾਮ ਤੇਰੇ ਨਾਲ ਸਾਥ ਕਰੇਗਾ ॥੧॥
48516	1134	ਹਰਿ ਹਰਿ ਨਾਮੁ ਜਪਹੁ ਬਨਵਾਲੀ॥		Har Har Naam Japahu Banavaalee ||	Chant the Name of the Lord, Har, Har, the Lord of the forest.	ਸਦਾ ਪਰਮਾਤਮਾ ਦਾ ਨਾਮ ਜਪਦੇ ਰਿਹਾ ਕਰੋ (ਤੇ, ਅਰਦਾਸ ਕਰਿਆ ਕਰੋ-
48517	1134	ਕਰਿ ਕਿਰਪਾ ਮੇਲਹੁ ਸਤਸੰਗਤਿ ਤੂਟਿ ਗਈ ਮਾਇਆ ਜਮ ਜਾਲੀ॥੧॥ਰਹਾਉ॥		Kar Kirapaa Maelahu Sathasangath Thoott Gee Maaeiaa Jam Jaalee ||1|| Rehaao ||	Have mercy on me, Lord, and unite me with the Sat Sangat, the True Congregation, so that I may be released from Maya's noose of death. ||1||Pause||	ਹੇ ਪ੍ਰਭੂ! ਸਾਨੂੰ ਸਤ ਸੰਗਤ ਵਿਚ ਮਿਲਾਈ ਰੱਖ) ਜਿਸ ਨੂੰ ਤੂੰ ਕਿਰਪਾ ਕਰ ਕੇ ਸਾਧ ਸੰਗਤ ਵਿਚ ਰੱਖਦਾ ਹੈਂ, ਉਸ ਦੀ ਮਾਇਆ ਦੇ ਮੋਹ ਦੀ ਆਤਮਕ ਮੌਤ ਲਿਆਉਣ ਵਾਲੀ ਫਾਹੀ ਟੁੱਟ ਜਾਂਦੀ ਹੈ ॥੧॥ ਰਹਾਉ ॥
48518	1134	ਗੁਰਮੁਖਿ ਸੇਵਾ ਘਾਲਿ ਜਿਨਿ ਘਾਲੀ॥		Guramukh Saevaa Ghaal Jin Ghaalee ||	Whoever, as Gurmukh, serves and works hard,	ਜਿਸ (ਮਨੁੱਖ) ਨੇ ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਸਿਮਰਨ ਦੀ ਮਿਹਨਤ ਕੀਤੀ,
48519	1134	ਤਿਸੁ ਘੜੀਐ ਸਬਦੁ ਸਚੀ ਟਕਸਾਲੀ॥੨॥		This Gharreeai Sabadh Sachee Ttakasaalee ||2||	Is molded and shaped in the true mint of the Shabad, the Word of God. ||2||	(ਜਤ, ਧੀਰਜ, ਉੱਚੀ ਮੱਤ, ਆਤਮਕ ਜੀਵਨ ਦੀ ਸੂਝ, ਭਉ ਆਦਿਕ ਦੀ) ਸਦਾ-ਥਿਰ ਰਹਿਣ ਵਾਲੀ ਟਕਸਾਲ ਵਿਚ ਉਸ ਮਨੁੱਖ ਦਾ ਹਰਿ-ਨਾਮ ਸਿਮਰਨ ਦਾ ਉੱਦਮ ਸੋਹਣਾ ਰੂਪ ਧਾਰ ਲੈਂਦਾ ਹੈ ॥੨॥

48520	1134	ਹਰਿ ਅਗਮ ਅਗੋਚਰੁ ਗੁਰਿ ਅਗਮ ਦਿਖਾਲੀ॥	ਅ-ਗਮ: ਪੋਲਾ ਬੋਲੋ। (ਅਗਮ) ਸੋਗ ਰਹਿਤ	Har Agam Agochar Gur Agam Dhikhaalee ||	The Guru has revealed to me the Inaccessible and Unfathomable Lord.	(ਜਿਸ ਮਨੁੱਖ ਨੇ ਹਰਿ-ਨਾਮ-ਸਿਮਰਨ ਦੀ ਮਾਲਾ ਹਿਰਦੇ ਵਿਚ ਫੇਰੀ) ਗੁਰੂ ਨੇ ਉਸ ਨੂੰ ਅਪਹੁੰਚ ਤੇ ਅਗੋਚਰ ਪਰਮਾਤਮਾ (ਉਸ ਦੇ ਅੰਦਰ ਹੀ) ਵਿਖਾਲ ਦਿੱਤਾ,
48521	1134	ਵਿਚਿ ਕਾਇਆ ਨਗਰ ਲਧਾ ਹਰਿ ਭਾਲੀ॥੩॥		Vich Kaaeiaa Nagar Ladhhaa Har Bhaalee ||3||	Searching within the body-village, I have found the Lord. ||3||	(ਗੁਰੂ ਦੀ ਸਹਾਇਤਾ ਨਾਲ) ਉਸ ਨੇ ਪਰਮਾਤਮਾ ਨੂੰ ਆਪਣੇ ਸਰੀਰ-ਨਗਰ ਦੇ ਅੰਦਰ ਹੀ ਭਾਲ ਕੇ ਲੱਭ ਲਿਆ ॥੩॥
48522	1134	ਹਮ ਬਾਰਿਕ ਹਰਿ ਪਿਤਾ ਪ੍ਰਤਿਪਾਲੀ॥		Ham Baarik Har Pithaa Prathipaalee ||	I am just a child; the Lord is my Father, who nurtures and cherishes me.	ਹੇ ਨਾਨਕ-ਦਾਸ! ਹੇ ਹਰੀ! ਅਸੀਂ ਜੀਵ ਤੇਰੇ ਬੱਚੇ ਹਾਂ ਤੂੰ ਸਾਡਾ ਪਾਲਣਹਾਰ ਪਿਤਾ ਹੈਂ।
48523	1134	ਜਨ ਨਾਨਕ ਤਾਰਹੁ ਨਦਰਿ ਨਿਹਾਲੀ॥੪॥੩॥		Jan Naanak Thaarahu Nadhar Nihaalee ||4||3||	Please save servant Nanak, Lord; bless him with Your Glance of Grace. ||4||3||	ਮਿਹਰ ਦੀ ਨਿਗਾਹ ਕਰ ਕੇ (ਸਾਨੂੰ) ਦਾਸਾਂ ਨੂੰ (ਆਪਣੇ ਨਾਮ ਦੀ ਮਾਲਾ ਦੇ ਕੇ) ਸੰਸਾਰ-ਸਮੁੰਦਰ ਤੋਂ ਪਾਰ ਲੰਘਾਓ ॥੪॥੩॥
48524	1134	ਭੈਰਉ ਮਹਲਾ ੪॥		Bhairo Mehalaa 4 ||	Bhairao, Fourth Mehl:	
48525	1134	ਸਭਿ ਘਟ ਤੇਰੇ ਤੂ ਸਭਨਾ ਮਾਹਿ॥		Sabh Ghatt Thaerae Thoo Sabhanaa Maahi ||	All hearts are Yours, Lord; You are in all.	ਹੇ ਪ੍ਰਭੂ! ਸਾਰੇ ਸਰੀਰ ਤੇਰੇ (ਬਣਾਏ ਹੋਏ) ਹਨ, ਤੂੰ (ਇਹਨਾਂ) ਸਾਰਿਆਂ ਵਿਚ ਵੱਸਦਾ ਹੈਂ।
48526	1134	ਤੁਝ ਤੇ ਬਾਹਰਿ ਕੋਈ ਨਾਹਿ॥੧॥		Thujh Thae Baahar Koee Naahi ||1||	There is nothing at all except You. ||1||	ਕੋਈ ਭੀ ਸਰੀਰ ਤੇਰੀ ਜੋਤਿ ਤੋਂ ਬਿਨਾ ਨਹੀਂ ਹੈ ॥੧॥

48527	1134	ਹਰਿ ਸੁਖਦਾਤਾ ਮੇਰੇ ਮਨ ਜਾਪੁ॥		Har Sukhadhaathaa Maerae Man Jaap ||	O my mind, meditate on the Lord, the Giver of peace.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਜਪਿਆ ਕਰ (ਉਹੀ) ਸਾਰੇ ਸੁਖ ਦੇਣ ਵਾਲਾ ਹੈ।
48528	1134	ਹਉ ਤੁਧੁ ਸਾਲਾਹੀ ਤੂ ਮੇਰਾ ਹਰਿ ਪ੍ਰਭੁ ਬਾਪੁ॥੧॥ਰਹਾਉ॥		Ho Thudhh Saalaahee Thoo Maeraa Har Prabh Baap ||1|| Rehaao ||	I praise You, O Lord God, You are my Father. ||1||Pause||	ਹੇ ਹਰੀ! (ਮਿਹਰ ਕਰ) ਮੈਂ ਤੇਰੀ ਸਿਫ਼ਤ-ਸਾਲਾਹ ਕਰਦਾ ਰਹਾਂ, ਤੂੰ ਮੇਰਾ ਮਾਲਕ ਹੈਂ, ਤੂੰ ਮੇਰਾ ਪਿਉ ਹੈਂ ॥੧॥ ਰਹਾਉ ॥
48529	1134	ਜਹ ਜਹ ਦੇਖਾ ਤਹ ਹਰਿ ਪ੍ਰਭੁ ਸੋਇ॥		Jeh Jeh Dhaekhaa Theh Har Prabh Soe ||	Wherever I look, I see only the Lord God.	ਮੈਂ ਜਿਧਰ ਜਿਧਰ ਵੇਖਦਾ ਹਾਂ, ਉਧਰ ਉਧਰ ਉਹ ਹਰੀ ਪ੍ਰਭੂ ਹੀ ਵੱਸ ਰਿਹਾ ਹੈ।
48530	1134	ਸਭ ਤੇਰੈ ਵਸਿ ਦੂਜਾ ਅਵਰੁ ਨ ਕੋਇ॥੨॥		Sabh Thaerai Vas Dhoojaa Avar N Koe ||2||	All are under Your control; there is no other at all. ||2||	ਹੇ ਪ੍ਰਭੂ! ਸਾਰੀ ਸ੍ਰਿਸ਼ਟੀ ਤੇਰੇ ਵੱਸ ਵਿਚ ਹੈ, (ਤੈਥੋਂ ਬਿਨਾ ਤੇਰੇ ਵਰਗਾ) ਹੋਰ ਕੋਈ ਨਹੀਂ ਹੈ ॥੨॥
48531	1134	ਜਿਸ ਕਉ ਤੁਮ ਹਰਿ ਰਾਖਿਆ ਭਾਵੈ॥		Jis Ko Thum Har Raakhiaa Bhaavai ||	O Lord, when it is Your Will to save someone,	ਹੇ ਹਰੀ! ਜਿਸ ਦੀ ਤੂੰ ਰੱਖਿਆ ਕਰਨੀ ਚਾਹੇਂ,
48532	1134	ਤਿਸ ਕੈ ਨੇੜੈ ਕੋਇ ਨ ਜਾਵੈ॥੩॥		This Kai Naerrai Koe N Jaavai ||3||	Then nothing can threaten him. ||3||	ਕੋਈ (ਵੈਰੀ ਆਦਿਕ) ਉਸ ਦੇ ਨੇੜੇ ਨਹੀਂ ਆਉਂਦਾ ॥੩॥

48533	1134	ਤੂ ਜਲਿ ਥਲਿ ਮਹੀਅਲਿ ਸਭਤੈ ਭਰਪੂਰਿ॥		Thoo Jal Thhal Meheeal Sabh Thai Bharapoor ||	You are totally pervading and permeating the waters, the lands, the skies and all places.	ਹੇ ਹਰੀ! ਤੂੰ ਜਲ ਵਿਚ ਹੈਂ, ਤੂੰ ਆਕਾਸ਼ ਵਿਚ ਹੈਂ ਤੂੰ ਹਰ ਥਾਂ ਵਿਆਪਕ ਹੈਂ।
48534	1134	ਜਨ ਨਾਨਕ ਹਰਿ ਜਪਿ ਹਾਜਰਾ ਹਜੂਰਿ॥੪॥੪॥		Jan Naanak Har Jap Haajaraa Hajoor ||4||4||	Servant Nanak meditates on the Ever-present Lord. ||4||4||	ਹੇ ਦਾਸ ਨਾਨਕ! ਉਸ ਹਰੀ ਦਾ ਨਾਮ ਜਪਿਆ ਕਰ, ਜੋ ਹਰ ਥਾਂ ਹਾਜ਼ਰ-ਨਾਜ਼ਰ (ਪ੍ਰਤੱਖ ਦਿੱਸ ਰਿਹਾ) ਹੈ ॥੪॥੪॥
48535	1134	ਭੈਰਉ ਮਹਲਾ ੪ ਘਰੁ ੨		Bhairo Mehalaa 4 Ghar 2	Bhairao, Fourth Mehl, Second House:	ਰਾਗ ਭੈਰਉ, ਘਰ ੨ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
48536	1134	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
48537	1134	ਹਰਿ ਕਾ ਸੰਤੁ ਹਰਿ ਕੀ ਹਰਿ ਮੂਰਤਿ ਜਿਸੁ ਹਿਰਦੈ ਹਰਿ ਨਾਮੁ ਮੁਰਾਰਿ॥		Har Kaa Santh Har Kee Har Moorath Jis Hiradhai Har Naam Muraar ||	The Lord's Saint is the embodiment of the Lord; within his heart is the Name of the Lord.	ਪਰਮਾਤਮਾ ਦਾ ਭਗਤ ਜਿਸ ਦੇ ਹਿਰਦੇ ਵਿਚ (ਸਦਾ) ਪਰਮਾਤਮਾ ਦਾ ਨਾਮ ਵੱਸਦਾ ਹੈ ਪਰਮਾਤਮਾ ਦਾ ਹੀ ਰੂਪ ਹੋ ਜਾਂਦਾ ਹੈ।

48538	1134	ਮਸਤਕਿ ਭਾਗੁ ਹੋਵੈ ਜਿਸੁ ਲਿਖਿਆ ਸੋ ਗੁਰਮਤਿ ਹਿਰਦੈ ਹਰਿ ਨਾਮੁ ਸਮ੍ਹਾਰਿ॥੧॥		Masathak Bhaag Hovai Jis Likhiaa So Guramath Hiradhai Har Naam Samhaar ||1||	One who has such destiny inscribed on his forehead, follows the Guru's Teachings, and contemplates the Name of the Lord within his heart. ||1||	ਪਰ ਉਹੀ ਮਨੁੱਖ ਗੁਰੂ ਦੀ ਮੱਤ ਲੈ ਕੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਸੰਭਾਲਦਾ ਹੈ ਜਿਸ ਦੇ ਮੱਥੇ ਉਤੇ (ਧੁਰੋਂ) ਚੰਗੀ ਕਿਸਮਤ (ਦਾ ਲੇਖ) ਲਿਖਿਆ ਹੁੰਦਾ ਹੈ ॥੧॥
48539	1135	ਮਧੁਸੂਦਨੁ ਜਪੀਐ ਉਰ ਧਾਰਿ॥		Madhhusoodhan Japeeai Our Dhhaar ||	Enshrine Him in your heart, and meditate on the Lord.	(ਦੈਂਤਾਂ ਦੇ ਨਾਸ ਕਰਨ ਵਾਲੇ) ਪਰਮਾਤਮਾ ਦਾ ਨਾਮ ਹਿਰਦੇ ਵਿਚ ਵਸਾ ਕੇ ਜਪਣਾ ਚਾਹੀਦਾ ਹੈ।
48540	1135	ਦੇਹੀ ਨਗਰਿ ਤਸਕਰ ਪੰਚ ਧਾਤੂ ਗੁਰ ਸਬਦੀ ਹਰਿ ਕਾਢੇ ਮਾਰਿ॥੧॥ਰਹਾਉ॥		Dhaehee Nagar Thasakar Panch Dhhaathoo Gur Sabadhee Har Kaadtae Maar ||1|| Rehaao ||	The five plundering thieves are in the body-village; through the Word of the Guru's Shabad, the Lord has beaten them and driven them out. ||1||Pause||	(ਜਿਹੜਾ ਮਨੁੱਖ ਨਾਮ ਜਪਦਾ ਹੈ) ਉਹ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਆਪਣੇ) ਸਰੀਰ-ਨਗਰ ਵਿਚ (ਵੱਸ ਰਹੇ) ਭਟਕਣਾ ਵਿਚ ਪਾਣ ਵਾਲੇ (ਕਾਮਾਦਿਕ) ਪੰਜਾਂ ਚੋਰਾਂ ਨੂੰ ਮਾਰ ਕੇ ਬਾਹਰ ਕੱਢ ਦੇਂਦਾ ਹੈ ॥੧॥ ਰਹਾਉ ॥
48541	1135	ਜਿਨ ਕਾ ਹਰਿ ਸੇਤੀ ਮਨੁ ਮਾਨਿਆ ਤਿਨ ਕਾਰਜ ਹਰਿ ਆਪਿ ਸਵਾਰਿ॥		Jin Kaa Har Saethee Man Maaniaa Thin Kaaraj Har Aap Savaar ||	Those whose minds are satisfied with the Lord - the Lord Himself resolves their affairs.	ਜਿਨ੍ਹਾਂ ਮਨੁੱਖਾਂ ਦਾ ਮਨ ਪਰਮਾਤਮਾ (ਦੀ ਯਾਦ) ਨਾਲ ਗਿੱਝ ਜਾਂਦਾ ਹੈ, ਉਹਨਾਂ ਦੇ ਸਾਰੇ ਕੰਮ ਪਰਮਾਤਮਾ ਆਪ ਸਵਾਰਦਾ ਹੈ।

48542	1135	ਤਿਨ ਚੂਕੀ ਮੁਹਤਾਜੀ ਲੋਕਨ ਕੀ ਹਰਿ ਅੰਗੀਕਾਰੁ ਕੀਆ ਕਰਤਾਰਿ॥੨॥		Thin Chookee Muhathaajee Lokan Kee Har Angeekaar Keeaa Karathaar ||2||	Their subservience and their dependence on other people is ended; the Creator Lord is on their side. ||2||	ਕਰਤਾਰ ਨੇ ਸਦਾ ਉਹਨਾਂ ਦੀ ਸਹਾਇਤਾ ਕੀਤੀ ਹੁੰਦੀ ਹੈ (ਇਸ ਵਾਸਤੇ) ਉਹਨਾਂ ਦੇ ਅੰਦਰੋਂ ਲੋਕਾਂ ਦੀ ਮੁਥਾਜੀ ਮੁੱਕ ਚੁਕੀ ਹੁੰਦੀ ਹੈ ॥੨॥
48543	1135	ਮਤਾ ਮਸੂਰਤਿ ਤਾਂ ਕਿਛੁ ਕੀਜੈ ਜੇ ਕਿਛੁ ਹੋਵੈ ਹਰਿ ਬਾਹਰਿ॥		Mathaa Masoorath Thaan Kishh Keejai Jae Kishh Hovai Har Baahar ||	If something were beyond the realm of the Lord's Power, only then would we have recourse to consult someone else.	ਆਪਣੇ ਮਨ ਦੀ ਸਾਲਾਹ ਆਪਣੇ ਮਨ ਦਾ ਮਸ਼ਵਰਾ ਤਦੋਂ ਹੀ ਕੋਈ ਕੀਤਾ ਜਾ ਸਕਦਾ ਹੈ ਜੇ ਪਰਮਾਤਮਾ ਤੋਂ ਬਾਹਰਾ ਕੋਈ ਕੰਮ ਹੋ ਹੀ ਸਕਦਾ ਹੋਵੇ।
48544	1135	ਜੋ ਕਿਛੁ ਕਰੇ ਸੋਈ ਭਲ ਹੋਸੀ ਹਰਿ ਧਿਆਵਹੁ ਅਨ ਦਿਨੁ ਨਾਮੁ ਮੁਰਾਰਿ॥੩॥		Jo Kishh Karai Soee Bhal Hosee Har Dhhiaavahu Anadhin Naam Muraar ||3||	Whatever the Lord does is good. Meditate on the Name of the Lord, night and day. ||3||	ਜੋ ਕੁਝ ਪਰਮਾਤਮਾ ਕਰਦਾ ਹੈ ਉਹ ਸਾਡੇ ਭਲੇ ਵਾਸਤੇ ਹੀ ਹੁੰਦਾ ਹੈ। (ਇਸ ਵਾਸਤੇ, ਹੇ ਭਾਈ!) ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਦੇ ਰਿਹਾ ਕਰੋ ॥੩॥
48545	1135	ਹਰਿ ਜੋ ਕਿਛੁ ਕਰੇ ਸੁ ਆਪੇ ਆਪੇ ਓਹੁ ਪੂਛਿ ਨ ਕਿਸੈ ਕਰੇ ਬੀਚਾਰਿ॥		Har Jo Kishh Karae S Aapae Aapae Ouhu Pooshh N Kisai Karae Beechaar ||	Whatever the Lord does, He does by Himself. He does not ask or consult anyone else.	ਪਰਮਾਤਮਾ ਜੋ ਕੁਝ ਕਰਦਾ ਹੈ ਆਪ ਹੀ ਕਰਦਾ ਹੈ ਆਪ ਹੀ ਕਰਦਾ ਹੈ, ਉਹ ਕਿਸੇ ਪਾਸੋਂ ਪੁੱਛ ਕੇ ਨਹੀਂ ਕਰਦਾ, ਕਿਸੇ ਨਾਲ ਵਿਚਾਰ ਕਰ ਕੇ ਨਹੀਂ ਕਰਦਾ।

48546	1135	ਨਾਨਕ ਸੋ ਪ੍ਰਭੁ ਸਦਾ ਧਿਆਈਐ ਜਿਨਿ ਮੇਲਿਆ ਸਤਿਗੁਰੁ ਕਿਰਪਾ ਧਾਰਿ॥੪॥੧॥੫॥		Naanak So Prabh Sadhaa Dhhiaaeeai Jin Maeliaa Sathigur Kirapaa Dhhaar ||4||1||5||	O Nanak, meditate forever on God; granting His Grace, He unites us with the True Guru. ||4||1||5||	ਹੇ ਨਾਨਕ! ਉਸ ਪਰਮਾਤਮਾ ਦਾ ਨਾਮ ਸਦਾ ਸਿਮਰਨਾ ਚਾਹੀਦਾ ਹੈ ਜਿਸ ਨੇ ਮੇਹਰ ਕਰ ਕੇ (ਅਸਾਨੂੰ) ਗੁਰੂ ਮਿਲਾਇਆ ਹੈ ॥੪॥੧॥੫॥
48547	1135	ਭੈਰਉ ਮਹਲਾ ੪॥		Bhairo Mehalaa 4 ||	Bhairao, Fourth Mehl:	
48548	1135	ਤੇ ਸਾਧੂ ਹਰਿ ਮੇਲਹੁ ਸੁਆਮੀ ਜਿਨ ਜਪਿਆ ਗਤਿ ਹੋਇ ਹਮਾਰੀ॥		Thae Saadhhoo Har Maelahu Suaamee Jin Japiaa Gath Hoe Hamaaree ||	O my Lord and Master, please unite me with the Holy people; meditating on You, I am saved.	ਹੇ ਹਰੀ! ਹੇ ਸੁਆਮੀ! ਮੈਨੂੰ ਉਹਨਾਂ ਗੁਰਮੁਖਾਂ ਦਾ ਮਿਲਾਪ ਕਰਾ ਦੇਹ, ਜਿਨ੍ਹਾਂ ਨੂੰ ਯਾਦ ਕੀਤਿਆਂ ਮੇਰੀ ਉੱਚੀ ਆਤਮਕ ਅਵਸਥਾ ਬਣ ਜਾਏ।
48549	1135	ਤਿਨ ਕਾ ਦਰਸੁ ਦੇਖਿ ਮਨੁ ਬਿਗਸੈ ਖਿਨੁ ਖਿਨੁ ਤਿਨ ਕਉ ਹਉ ਬਲਿਹਾਰੀ॥੧॥		Thin Kaa Dharas Dhaekh Man Bigasai Khin Khin Thin Ko Ho Balihaaree ||1||	Gazing upon the Blessed Vision of their Darshan, my mind blossoms forth. Each and every moment, I am a sacrifice to them. ||1||	ਉਹਨਾਂ ਦਾ ਦਰਸਨ ਕਰ ਕੇ ਮੇਰਾ ਮਨ ਖਿੜਿਆ ਰਹੇ। ਹੇ ਹਰੀ! ਮੈਂ ਇਕ ਇਕ ਛਿਨ ਉਹਨਾਂ ਤੋਂ ਸਦਕੇ ਜਾਂਦਾ ਹਾਂ ॥੧॥
48550	1135	ਹਰਿ ਹਿਰਦੈ ਜਪਿ ਨਾਮੁ ਮੁਰਾਰੀ॥		Har Hiradhai Jap Naam Muraaree ||	Meditate within your heart on the Name of the Lord.	ਹੇ ਹਰੀ! (ਮੇਰੇ ਉਤੇ ਮਿਹਰ ਕਰ) ਮੈਂ (ਸਦਾ) ਤੇਰਾ ਨਾਮ ਜਪਦਾ ਰਹਾਂ।

48551	1135	ਕ੍ਰਿਪਾ ਕ੍ਰਿਪਾ ਕਰਿ ਜਗਤ ਪਿਤ ਸੁਆਮੀ ਹਮ ਦਾਸਨਿ ਦਾਸ ਕੀਜੈ ਪਨਿਹਾਰੀ॥੧॥ਰਹਾਉ॥		Kirapaa Kirapaa Kar Jagath Pith Suaamee Ham Dhaasan Dhaas Keejai Panihaaree ||1|| Rehaao ||	Show Mercy, Mercy to me, O Father of the World, O my Lord and Master; make me the water-carrier of the slave of Your slaves. ||1||Pause||	ਹੇ ਜਗਤ ਦੇ ਪਿਤਾ! ਹੇ ਸੁਆਮੀ! (ਮੇਰੇ ਉਤੇ) ਮਿਹਰ ਕਰ, ਮਿਹਰ ਕਰ, ਮੈਨੂੰ ਆਪਣੇ ਦਾਸਾਂ ਦਾ ਦਾਸ ਬਣਾ ਲੈ, ਮੈਨੂੰ ਆਪਣੇ ਦਾਸਾਂ ਦਾ ਪਾਣੀ ਢੋਣ ਵਾਲਾ ਸੇਵਕ ਬਣਾ ਲੈ ॥੧॥ ਰਹਾਉ ॥
48552	1135	ਤਿਨ ਮਤਿ ਊਤਮ ਤਿਨ ਪਤਿ ਊਤਮ ਜਿਨ ਹਿਰਦੈ ਵਸਿਆ ਬਨਵਾਰੀ॥		Thin Math Ootham Thin Path Ootham Jin Hiradhai Vasiaa Banavaaree ||	Their intellect is sublime and exalted, and so is their honor; the Lord, the Lord of the forest, abides within their hearts.	ਜਿਨ੍ਹਾਂ (ਗੁਰਮੁਖਾਂ) ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ (ਸਦਾ) ਵੱਸਦਾ ਹੈ, ਉਹਨਾਂ ਦੀ ਮੱਤ ਸ੍ਰੇਸ਼ਟ ਹੁੰਦੀ ਹੈ, ਉਹਨਾਂ ਨੂੰ (ਲੋਕ ਪਰਲੋਕ ਵਿਚ) ਉੱਚੀ ਇੱਜ਼ਤ ਮਿਲਦੀ ਹੈ।
48553	1135	ਤਿਨ ਕੀ ਸੇਵਾ ਲਾਇ ਹਰਿ ਸੁਆਮੀ ਤਿਨ ਸਿਮਰਤ ਗਤਿ ਹੋਇ ਹਮਾਰੀ॥੨॥		Thin Kee Saevaa Laae Har Suaamee Thin Simarath Gath Hoe Hamaaree ||2||	O my Lord and Master, please link me to the service of those who meditate in remembrance on You, and are saved. ||2||	ਹੇ ਹਰੀ! ਹੇ ਸੁਆਮੀ! ਮੈਨੂੰ ਉਹਨਾਂ (ਗੁਰਮੁਖਾਂ ਦੀ) ਸੇਵਾ ਵਿਚ ਲਾਈ ਰੱਖ, ਉਹਨਾਂ ਨੂੰ ਯਾਦ ਕੀਤਿਆਂ ਮੈਨੂੰ ਉੱਚੀ ਆਤਮਕ ਅਵਸਥਾ ਮਿਲ ਸਕਦੀ ਹੈ ॥੨॥

48554	1135	ਜਿਨ ਐਸਾ ਸਤਿਗੁਰੁ ਸਾਧੁ ਨ ਪਾਇਆ ਤੇ ਹਰਿ ਦਰਗਹ ਕਾਢੇ ਮਾਰੀ॥		Jin Aisaa Sathigur Saadhh N Paaeiaa Thae Har Dharageh Kaadtae Maaree ||	Those who do not find such a Holy True Guru are beaten, and driven out of the Court of the Lord.	(ਜਿਸ ਗੁਰੂ ਦੀ ਸਰਨ ਪਿਆਂ ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ) ਜਿਨ੍ਹਾਂ ਮਨੁੱਖਾਂ ਨੂੰ ਅਜਿਹਾ ਸਾਧੂ ਗੁਰੂ ਨਹੀਂ ਮਿਲਿਆ, ਉਹ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚੋਂ ਧੱਕੇ ਮਾਰ ਕੇ ਕੱਢੇ ਜਾਂਦੇ ਹਨ।
48555	1135	ਤੇ ਨਰ ਨਿੰਦਕ ਸੋਭ ਨ ਪਾਵਹਿ ਤਿਨ ਨਕ ਕਾਟੇ ਸਿਰਜਨਹਾਰੀ॥੩॥		Thae Nar Nindhak Sobh N Paavehi Thin Nak Kaattae Sirajanehaaree ||3||	These slanderous people have no honor or reputation; their noses are cut by the Creator Lord. ||3||	ਉਹ ਨਿੰਦਕ ਮਨੁੱਖ (ਕਿਤੇ ਭੀ) ਸੋਭਾ ਨਹੀਂ ਪਾਂਦੇ। ਸਿਰਜਨਹਾਰ ਨੇ (ਆਪ) ਉਹਨਾਂ ਦਾ ਨੱਕ ਕੱਟ ਦਿੱਤਾ ਹੋਇਆ ਹੈ ॥੩॥
48556	1135	ਹਰਿ ਆਪਿ ਬੁਲਾਵੈ ਆਪੇ ਬੋਲੈ ਹਰਿ ਆਪਿ ਨਿਰੰਜਨੁ ਨਿਰੰਕਾਰੁ ਨਿਰਾਹਾਰੀ॥		Har Aap Bulaavai Aapae Bolai Har Aap Niranjan Nirankaar Niraahaaree ||	The Lord Himself speaks, and the Lord Himself inspires all to speak; He is Immaculate and Formless, and needs no sustenance.	(ਪਰ ਜੀਵਾਂ ਦੇ ਕੀਹ ਵੱਸ?) ਜਿਹੜਾ ਪਰਮਾਤਮਾ ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿੰਦਾ ਹੈ, ਜਿਸ ਪਰਮਾਤਮਾ ਦਾ ਕੋਈ ਖ਼ਾਸ ਸਰੂਪ ਨਹੀਂ ਦਸਿਆ ਜਾ ਸਕਦਾ, ਜਿਸ ਪਰਮਾਤਮਾ ਨੂੰ (ਜੀਵਾਂ ਵਾਂਗ) ਕਿਸੇ ਖ਼ੁਰਾਕ ਦੀ ਲੋੜ ਨਹੀਂ, ਉਹ ਪਰਮਾਤਮਾ ਆਪ ਹੀ (ਸਭ ਜੀਵਾਂ ਨੂੰ) ਬੋਲਣ ਦੀ ਪ੍ਰੇਰਨਾ ਕਰਦਾ ਹੈ, ਉਹ ਪਰਮਾਤਮਾ ਆਪ ਹੀ (ਸਭ ਜੀਵਾਂ ਵਿਚ ਬੈਠਾ) ਬੋਲਦਾ ਹੈ।

48557	1135	ਹਰਿ ਜਿਸੁ ਤੂ ਮੇਲਹਿ ਸੋ ਤੁਧੁ ਮਿਲਸੀ ਜਨ ਨਾਨਕ ਕਿਆ ਏਹਿ ਜੰਤ ਵਿਚਾਰੀ॥੪॥੨॥੬॥		Har Jis Thoo Maelehi So Thudhh Milasee Jan Naanak Kiaa Eaehi Janth Vichaaree ||4||2||6||	O Lord, he alone meets You, whom You cause to meet. Says servant Nanak, I am a wretched creature. What can I do? ||4||2||6||	ਹੇ ਨਾਨਕ! ਜਿਸ ਮਨੁੱਖ ਨੂੰ ਹਰੀ ਤੂੰ (ਆਪਣੇ ਨਾਲ) ਮਿਲਾਂਦਾ ਹੈਂ, ਉਹੀ ਤੈਨੂੰ ਮਿਲ ਸਕਦਾ ਹੈ। ਇਹਨਾਂ ਨਿਮਾਣੇ ਜੀਵਾਂ ਦੇ ਵੱਸ ਕੁਝ ਨਹੀਂ ਹੈ ॥੪॥੨॥੬॥
48558	1135	ਭੈਰਉ ਮਹਲਾ ੪॥		Bhairo Mehalaa 4 ||	Bhairao, Fourth Mehl:	
48559	1135	ਸਤਸੰਗਤਿ ਸਾਈ ਹਰਿ ਤੇਰੀ ਜਿਤੁ ਹਰਿ ਕੀਰਤਿ ਹਰਿ ਸੁਨਣੇ॥	ਸਾਂਈਂ	Sathasangath Saaee Har Thaeree Jith Har Keerath Har Sunanae ||	That is Your True Congregation Lord where the Kirtan of the Lord's Praises are heard.	ਹੇ ਹਰੀ! (ਉਹੀ ਇਕੱਠ) ਤੇਰੀ ਸਾਧ ਸੰਗਤ (ਅਖਵਾ ਸਕਦਾ) ਹੈ, ਜਿਸ ਵਿਚ, ਹੇ ਹਰੀ! ਤੇਰੀ ਸਿਫ਼ਤ-ਸਾਲਾਹ ਸੁਣੀ ਜਾਂਦੀ ਹੈ।
48560	1135	ਜਿਨ ਹਰਿ ਨਾਮੁ ਸੁਣਿਆ ਮਨੁ ਭੀਨਾ ਤਿਨ ਹਮ ਸ੍ਰੇਵਹ ਨਿਤ ਚਰਣੇ॥੧॥		Jin Har Naam Suniaa Man Bheenaa Thin Ham Sraeveh Nith Charanae ||1||	The minds of those who listen to the Lord's Name are drenched with bliss; I worship their feet continually. ||1||	(ਸਾਧ ਸੰਗਤ ਵਿਚ ਰਹਿ ਕੇ) ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਸੁਣਿਆ ਹੈ (ਸਾਧ ਸੰਗਤ ਵਿਚ ਟਿਕ ਕੇ) ਜਿਨ੍ਹਾਂ ਦਾ ਮਨ (ਹਰਿ-ਨਾਮ ਅੰਮ੍ਰਿਤ ਵਿਚ) ਭਿੱਜ ਗਿਆ ਹੈ, ਮੈਂ ਉਹਨਾਂ ਦੇ ਚਰਨਾਂ ਦੀ ਸੇਵਾ ਕਰਨੀ (ਆਪਣੀ) ਸੁਭਾਗਤਾ ਸਮਝਦਾ ਹਾਂ ॥੧॥

48561	1135	ਜਗਜੀਵਨੁ ਹਰਿ ਧਿਆਇ ਤਰਣੇ॥	ਜੱਗਜੀਵਨੁ	Jagajeevan Har Dhhiaae Tharanae ||	Meditating on the Lord, the Life of the World, the mortals cross over.	ਜਗਤ ਦੇ ਜੀਵਨ ਪ੍ਰਭੂ ਨੂੰ ਹਰੀ ਨੂੰ ਸਿਮਰ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ।
48562	1135	ਅਨੇਕ ਅਸੰਖ ਨਾਮ ਹਰਿ ਤੇਰੇ ਨ ਜਾਹੀ ਜਿਹਵਾ ਇਤੁ ਗਨਣੇ॥੧॥ਰਹਾਉ॥		Anaek Asankh Naam Har Thaerae N Jaahee Jihavaa Eith Gananae ||1|| Rehaao ||	Your Names are so many, they are countless, O Lord. This tongue of mine cannot even count them. ||1||Pause||	ਹੇ ਹਰੀ! (ਤੇਰੀਆਂ ਸਿਫ਼ਤਾਂ ਤੋਂ ਬਣੇ ਹੋਏ) ਤੇਰੇ ਨਾਮ ਅਨੇਕਾਂ ਹਨ ਅਣਗਿਣਤ ਹਨ, ਇਸ ਜੀਭ ਨਾਲ ਗਿਣੇ ਨਹੀਂ ਜਾ ਸਕਦੇ ॥੧॥ ਰਹਾਉ ॥
48563	1135	ਗੁਰਸਿਖ ਹਰਿ ਬੋਲਹੁ ਹਰਿ ਗਾਵਹੁ ਲੇ ਗੁਰਮਤਿ ਹਰਿ ਜਪਣੇ॥		Gurasikh Har Bolahu Har Gaavahu Lae Guramath Har Japanae ||	O Gursikhs, chant the Lord's Name, and sing the Praises of the Lord. Take the Guru's Teachings, and meditate on the Lord.	ਹੇ ਗੁਰੂ ਦੇ ਸਿੱਖੋ! ਗੁਰੂ ਦੀ ਸਿੱਖਿਆ ਲੈ ਕੇ ਪਰਮਾਤਮਾ ਦਾ ਨਾਮ ਉਚਾਰਿਆ ਕਰੋ, ਪਰਮਾਤਮਾ ਦੀ ਸਿਫ਼ਤ-ਸਾਲਾਹ ਗਾਵਿਆ ਕਰੋ, ਹਰੀ ਦਾ ਨਾਮ ਜਪਿਆ ਕਰੋ।
48564	1135	ਜੋ ਉਪਦੇਸੁ ਸੁਣੇ ਗੁਰ ਕੇਰਾ ਸੋ ਜਨੁ ਪਾਵੈ ਹਰਿ ਸੁਖ ਘਣੇ ॥੨॥		Jo Oupadhaes Sunae Gur Kaeraa So Jan Paavai Har Sukh Ghanae ||2||	Whoever listens to the Guru's Teachings - that humble being receives countless comforts and pleasures from the Lord. ||2||	ਹੇ ਗੁਰਸਿੱਖੋ! ਜਿਹੜਾ ਮਨੁੱਖ ਗੁਰੂ ਦਾ ਉਪਦੇਸ਼ (ਸਰਧਾ ਨਾਲ) ਸੁਣਦਾ ਹੈ, ਉਹ ਹਰੀ ਦੇ ਦਰ ਤੋਂ ਬਹੁਤ ਸੁਖ ਪ੍ਰਾਪਤ ਕਰਦਾ ਹੈ ॥੨॥

48565	1135	ਧੰਨੁ ਸੁ ਵੰਸੁ ਧੰਨੁ ਸੁ ਪਿਤਾ ਧੰਨੁ ਸੁ ਮਾਤਾ ਜਿਨਿ ਜਨ ਜਣੇ॥	ਮਾਤਾ: ਪੋਲਾ ਬੋਲੋ	Dhhann S Vans Dhhann S Pithaa Dhhann S Maathaa Jin Jan Janae ||	Blessed is the ancestry, blessed is the father, and blessed is that mother who gave birth to this humble servant.	ਭਾਗਾਂ ਵਾਲੀ ਹੈ ਉਹ ਕੁਲ, ਧੰਨ ਹੈ ਉਹ ਪਿਉ ਤੇ ਧੰਨ ਹੈ ਉਹ ਮਾਂ ਜਿਸ ਨੇ ਭਗਤ-ਜਨਾਂ ਨੂੰ ਜਨਮ ਦਿੱਤਾ।
48566	1135	ਜਿਨ ਸਾਸਿ ਗਿਰਾਸਿ ਧਿਆਇਆ ਮੇਰਾ ਹਰਿ ਹਰਿ ਸੇ ਸਾਚੀ ਦਰਗਹ ਹਰਿ ਜਨ ਬਣੇ॥੩॥		Jin Saas Giraas Dhhiaaeiaa Maeraa Har Har Sae Saachee Dharageh Har Jan Banae ||3||	Those who meditate on my Lord, Har, Har, with every breath and morsel of food - those humble servants of the Lord look beautiful in the True Court of the Lord. ||3||	ਜਿਨ੍ਹਾਂ ਮਨੁੱਖਾਂ ਨੇ ਆਪਣੇ ਹਰੇਕ ਸਾਹ ਦੇ ਨਾਲ ਆਪਣੀ ਹਰੇਕ ਗਿਰਾਹੀ ਦੇ ਨਾਲ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਹ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਦਰਗਾਹ ਵਿਚ ਸੋਭਾ ਵਾਲੇ ਬਣ ਜਾਂਦੇ ਹਨ ॥੩॥
48567	1135	ਹਰਿ ਹਰਿ ਅਗਮ ਨਾਮ ਹਰਿ ਤੇਰੇ ਵਿਚਿ ਭਗਤਾ ਹਰਿ ਧਰਣੇ॥	ਭਗਤਾਂ	Har Har Agam Naam Har Thaerae Vich Bhagathaa Har Dhharanae ||	O Lord, Har, Har, Your Names are profound and infinite; Your devotees cherish them deep within.	ਹੇ ਹਰੀ! (ਤੇਰੇ ਬੇਅੰਤ ਗੁਣਾਂ ਦੇ ਕਾਰਨ) ਤੇਰੇ ਬੇਅੰਤ ਹੀ ਨਾਮ ਹਨ, ਤੂੰ ਆਪਣੇ ਉਹ ਨਾਮ ਆਪਣੇ ਭਗਤਾਂ ਦੇ ਹਿਰਦੇ ਵਿਚ ਟਿਕਾਏ ਹੋਏ ਹਨ।

48568	1135	ਨਾਨਕ ਜਨਿ ਪਾਇਆ ਮਤਿ ਗੁਰਮਤਿ ਜਪਿ ਹਰਿ ਹਰਿ ਪਾਰਿ ਪਵਣੇ॥੪॥੩॥੭॥		Naanak Jan Paaeiaa Math Guramath Jap Har Har Paar Pavanae ||4||3||7||	Servant Nanak has obained the wisdom of the Guru's Teachings; meditating on the Lord, Har, Har, he crosses over to the other side. ||4||3||7||	ਹੇ ਨਾਨਕ! ਜਿਸ ਜਿਸ ਸੇਵਕ ਨੇ ਗੁਰੂ ਦੀ ਮੱਤ ਉਤੇ ਤੁਰ ਕੇ ਪਰਮਾਤਮਾ ਦਾ ਨਾਮ ਪ੍ਰਾਪਤ ਕੀਤਾ ਹੈ, ਉਹ ਸਦਾ ਨਾਮ ਜਪ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ ॥੪॥੩॥੭॥
48569	1136	ਭੈਰਉ ਮਹਲਾ ੫ ਘਰੁ ੧		Bhairo Mehalaa 5 Ghar 1	Bhairao, Fifth Mehl, First House:	ਰਾਗ ਭੈਰਉ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
48570	1136	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
48571	1136	ਸਗਲੀ ਥੀਤਿ ਪਾਸਿ ਡਾਰਿ ਰਾਖੀ॥		Sagalee Thheeth Paas Ddaar Raakhee ||	Setting aside all other days,	(ਤੇਰੀ ਇਹ ਕੱਚੀ ਗੱਲ ਹੈ ਕਿ) ਪਰਮਾਤਮਾ ਨੇ ਹੋਰ ਸਾਰੀਆਂ ਥਿੱਤਾਂ ਲਾਂਭੇ ਰਹਿਣ ਦਿੱਤੀਆਂ,
48572	1136	ਅਸਟਮ ਥੀਤਿ ਗੋਵਿੰਦ ਜਨਮਾ ਸੀ॥੧॥	(ਗੋਵਿੰਦ) ਸ੍ਰੀ ਕ੍ਰਿਸ਼ਨ ਜੀ	Asattam Thheeth Govindh Janamaa See ||1||	It is said that the Lord was born on the eighth lunar day. ||1||	ਅਤੇ (ਭਾਦਰੋਂ ਵਦੀ) ਅਸ਼ਟਮੀ ਥਿੱਤ ਨੂੰ ਉਸ ਨੇ ਜਨਮ ਲਿਆ ॥੧॥

48573	1136	ਭਰਮਿ ਭੂਲੇ ਨਰ ਕਰਤ ਕਚਰਾਇਣ॥	ਭਾਦ੍ਰੋਂ ਵਦੀ ਸੱਤਵੀਂ ਨੂੰ, ਮਤੀਰੇ ਚ ਗਲ਼ੀ ਕੱਢ ਕੇ, ਉਸ ਚ ਪੱਥਰ ਦੀ ਵੱਟੀ ਰੱਖ ਦਿੰਦੇ ਹਨ।ਅਸਟਮੀ ਥਿੱਤ ਵਾਲੇ ਦਿਨ, ਇੱਕ ਪਖੰਡੀ ਪੰਡਾ ਕੱਢਦਾ ਹੈ ਤਾਂ ਕਹਿੰਦੇ ਹਨ,ਠਾਕੁਰ ਜੀ ਜੰਮੇ ਹਨ। ਇਸ ਤਰ੍ਹਾਂ ਭਰਮਿ ਚ ਭੂਲੇ ਪਖੰਡੀ ਨਰ ਪੁਰਸ਼, ਅਜੇਹੀਆਂ ਕਚਰਾਇਣ ਕਚਿਆਈ ਵਾਲੀਆਂ ਖਚਰ ਬਿਧੀਆਂ ਕਰਤ ਕਰਦੇ ਹਨ।	Bharam Bhoolae Nar Karath Kacharaaein ||	Deluded and confused by doubt, the mortal practices falsehood.	ਭਟਕਣਾ ਦੇ ਕਾਰਨ ਕੁਰਾਹੇ ਪਏ ਹੋਏ ਹੇ ਮਨੁੱਖ! ਤੂੰ ਇਹ ਕੱਚੀਆਂ ਗੱਲਾਂ ਕਰ ਰਿਹਾ ਹੈਂ (ਕਿ ਪਰਮਾਤਮਾ ਨੇ ਭਾਦਰੋਂ ਵਦੀ ਅਸ਼ਟਮੀ ਨੂੰ ਕ੍ਰਿਸ਼ਨ-ਰੂਪ ਵਿਚ ਜਨਮ ਲਿਆ)।
48574	1136	ਜਨਮ ਮਰਣ ਤੇ ਰਹਤ ਨਾਰਾਇਣ॥੧॥ਰਹਾਉ॥		Janam Maran Thae Rehath Naaraaein ||1|| Rehaao ||	The Lord is beyond birth and death. ||1||Pause||	ਪਰਮਾਤਮਾ ਜੰਮਣ ਮਰਨ ਤੋਂ ਪਰੇ ਹੈ ॥੧॥ ਰਹਾਉ ॥
48575	1136	ਕਰਿ ਪੰਜੀਰੁ ਖਵਾਇਓ ਚੋਰ॥		Kar Panjeer Khavaaeiou Chor ||	You prepare sweet treats and feed them to your stone god.	ਪੰਜੀਰ ਬਣਾ ਕੇ ਤੂੰ ਲੁਕਾ ਕੇ (ਆਪਣੇ ਵੱਲੋਂ ਪਰਮਾਤਮਾ ਨੂੰ ਕ੍ਰਿਸ਼ਨ-ਮੂਰਤੀ ਦੇ ਰੂਪ ਵਿਚ) ਖਵਾਂਦਾ ਹੈਂ।

48576	1136	ਓਹੁ ਜਨਮਿ ਨ ਮਰੈ ਰੇ ਸਾਕਤ ਢੋਰ॥੨॥		Ouhu Janam N Marai Rae Saakath Dtor ||2||	God is not born, and He does not die, you foolish, faithless cynic! ||2||	ਹੇ ਰੱਬ ਤੋਂ ਟੁੱਟੇ ਹੋਏ ਮੂਰਖ! ਪਰਮਾਤਮਾ ਨਾਹ ਜੰਮਦਾ ਹੈ ਨਾਹ ਮਰਦਾ ਹੈ ॥੨॥
48577	1136	ਸਗਲ ਪਰਾਧ ਦੇਹਿ ਲੋਰੋਨੀ॥		Sagal Paraadhh Dhaehi Loronee ||	You sing lullabyes to your stone god - this is the source of all your mistakes.	ਤੂੰ (ਕ੍ਰਿਸ਼ਨ-ਮੂਰਤੀ ਨੂੰ) ਲੋਰੀ ਦੇਂਦਾ ਹੈਂ (ਆਪਣੇ ਵਲੋਂ ਤੂੰ ਪਰਮਾਤਮਾ ਨੂੰ ਲੋਰੀ ਦੇਂਦਾ ਹੈਂ, ਤੇਰਾ ਇਹ ਕੰਮ) ਸਾਰੇ ਅਪਰਾਧਾਂ (ਦਾ ਮੂਲ ਹੈ)।
48578	1136	ਸੋ ਮੁਖੁ ਜਲਉ ਜਿਤੁ ਕਹਹਿ ਠਾਕੁਰੁ ਜੋਨੀ॥੩॥		So Mukh Jalo Jith Kehehi Thaakur Jonee ||3||	Let that mouth be burnt, which says that our Lord and Master is subject to birth. ||3||	ਸੜ ਜਾਏ (ਤੇਰਾ) ਉਹ ਮੂੰਹ ਜਿਸ ਦੀ ਰਾਹੀਂ ਤੂੰ ਆਖਦਾ ਹੈਂ ਕਿ ਮਾਲਕ-ਪ੍ਰਭੂ ਜੂਨਾਂ ਵਿਚ ਆਉਂਦਾ ਹੈ ॥੩॥
48579	1136	ਜਨਮਿ ਨ ਮਰੈ ਨ ਆਵੈ ਨ ਜਾਇ॥		Janam N Marai N Aavai N Jaae ||	He is not born, and He does not die; He does not come and go in reincarnation.	ਪਰਮਾਤਮਾ ਨਾਹ ਜੰਮਦਾ ਹੈ ਨਾਹ ਮਰਦਾ ਹੈ, ਨਾਹ ਆਉਂਦਾ ਹੈ ਨਾਹ ਜਾਂਦਾ ਹੈ।
48580	1136	ਨਾਨਕ ਕਾ ਪ੍ਰਭੁ ਰਹਿਓ ਸਮਾਇ॥੪॥੧॥		Naanak Kaa Prabh Rehiou Samaae ||4||1||	The God of Nanak is pervading and permeating everywhere. ||4||1||	ਉਹ ਨਾਨਕ ਦਾ ਪਰਮਾਤਮਾ ਸਭ ਥਾਈਂ ਵਿਆਪਕ ਹੈ ॥੪॥੧॥
48581	1136	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	

48582	1136	ਊਠਤ ਸੁਖੀਆ ਬੈਠਤ ਸੁਖੀਆ॥		Oothath Sukheeaa Baithath Sukheeaa ||	Standing up, I am at peace; sitting down, I am at peace.	ਜਦੋਂ ਕੋਈ ਮਨੁੱਖ ਇਉਂ ਸਮਝ ਲੈਂਦਾ ਹੈ (ਕਿ ਪਰਮਾਤਮਾ ਹੀ ਸਭ ਦਾ ਰਾਖਾ ਹੈ) ਤਾਂ ਉਹ ਉਠਦਾ ਬੈਠਦਾ ਹਰ ਵੇਲੇ ਆਤਮਕ ਆਨੰਦ ਮਾਣਦਾ ਹੈ।
48583	1136	ਭਉ ਨਹੀ ਲਾਗੈ ਜਾਂ ਐਸੇ ਬੁਝੀਆ॥੧॥	ਬੁੱਝੀਆ	Bho Nehee Laagai Jaan Aisae Bujheeaa ||1||	I feel no fear, because this is what I understand. ||1||	ਤਦੋਂ ਉਸ ਨੂੰ ਕਿਸੇ ਕਿਸਮ ਦਾ ਕੋਈ (ਮੌਤ ਆਦਿਕ ਦਾ) ਡਰ ਪੋਹ ਨਹੀਂ ਸਕਦਾ ॥੧॥
48584	1136	ਰਾਖਾ ਏਕੁ ਹਮਾਰਾ ਸੁਆਮੀ॥		Raakhaa Eaek Hamaaraa Suaamee ||	The One Lord, my Lord and Master, is my Protector.	ਅਸਾਂ ਜੀਵਾਂ ਦਾ ਰਾਖਾ ਇਕ ਮਾਲਕ-ਪ੍ਰਭੂ ਹੀ ਹੈ।
48585	1136	ਸਗਲ ਘਟਾ ਕਾ ਅੰਤਰਜਾਮੀ॥੧॥ਰਹਾਉ॥		Sagal Ghattaa Kaa Antharajaamee ||1|| Rehaao ||	He is the Inner-knower, the Searcher of Hearts. ||1||Pause||	ਸਾਡਾ ਉਹ ਮਾਲਕ ਸਭ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਹੈ ॥੧॥ ਰਹਾਉ ॥
48586	1136	ਸੋਇ ਅਚਿੰਤਾ ਜਾਗਿ ਅਚਿੰਤਾ॥		Soe Achinthaa Jaag Achinthaa ||	I sleep without worry, and I awake without worry.	(ਜਦੋਂ ਮਨੁੱਖ ਇਹ ਸਮਝ ਲੈਂਦਾ ਹੈ ਕਿ ਇਕ ਪਰਮਾਤਮਾ ਹੀ ਸਭ ਜੀਵਾਂ ਦਾ ਰਾਖਾ ਹੈ) ਤਾਂ ਉਹ ਮਨੁੱਖ ਨਿਸਚਿੰਤ ਹੋ ਕੇ ਸੌਂਦਾ ਹੈ ਨਿਸਚਿੰਤ ਹੋ ਕੇ ਜਾਗਦਾ ਹੈ,
48587	1136	ਜਹਾ ਕਹਾਂ ਪ੍ਰਭੁ ਤੂੰ ਵਰਤੰਤਾ॥੨॥		Jehaa Kehaan Prabh Thoon Varathanthaa ||2||	You, O God, are pervading everywhere. ||2||	(ਤਦੋਂ ਮਨੁੱਖ ਹਰ ਵੇਲੇ ਇਹ ਆਖਣ ਲੱਗ ਪੈਂਦਾ ਹੈ ਕਿ ਹੇ ਸੁਆਮੀ!) ਤੂੰ ਪ੍ਰਭੂ ਹੀ ਹਰ ਥਾਂ ਮੌਜੂਦ ਹੈਂ ॥੨॥

48588	1136	ਘਰਿ ਸੁਖਿ ਵਸਿਆ ਬਾਹਰਿ ਸੁਖੁ ਪਾਇਆ॥	ਬਾ-ਹਰਿ	Ghar Sukh Vasiaa Baahar Sukh Paaeiaa ||	I dwell in peace in my home, and I am at peace outside.	ਉਹ ਮਨੁੱਖ ਆਪਣੇ ਘਰ ਵਿਚ (ਭੀ) ਸੁਖੀ ਵੱਸਦਾ ਹੈ, ਉਹ ਘਰੋਂ ਬਾਹਰ (ਜਾ ਕੇ) ਭੀ ਆਨੰਦ ਮਾਣਦਾ ਹੈ,
48589	1136	ਕਹੁ ਨਾਨਕ ਗੁਰਿ ਮੰਤ੍ਰੁ ਦ੍ਰਿੜਾਇਆ॥੩॥੨॥		Kahu Naanak Gur Manthra Dhrirraaeiaa ||3||2||	Says Nanak, the Guru has implanted His Mantra within me. ||3||2||	ਨਾਨਕ ਆਖਦਾ ਹੈ- ਗੁਰੂ ਨੇ ਜਿਸ ਮਨੁੱਖ ਦੇ ਹਿਰਦੇ ਵਿਚ (ਇਹ) ਉਪਦੇਸ਼ ਪੱਕਾ ਕਰ ਦਿੱਤਾ (ਕਿ ਪਰਮਾਤਮਾ ਹੀ ਅਸਾਂ ਸਭ ਜੀਵਾਂ ਦਾ ਰਾਖਾ ਹੈ) ॥੩॥੨॥
48590	1136	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48591	1136	ਵਰਤ ਨ ਰਹਉ ਨ ਮਹ ਰਮਦਾਨਾ॥	(ਮਹ) ਮਹੀਨਾ (ਰਮਦਾਨਾ) ਰੋਜ਼ਿੱਆਂ ਦਾ। ਰਮਦੱਾਨਾ	Varath N Reho N Meh Ramadhaanaa ||	I do not keep fasts, nor do I observe the month of Ramadaan.	ਨਾਹ ਮੈਂ (ਹਿੰਦੂ ਦੇ) ਵਰਤਾਂ ਦਾ ਆਸਰਾ ਲੈਂਦਾ ਹਾਂ, ਨਾਹ ਮੈਂ (ਮੁਸਲਮਾਨ ਦੇ) ਰਮਜ਼ਾਨ ਦੇ ਮਹੀਨੇ (ਵਿਚ ਰੱਖੇ ਰੋਜ਼ਿਆਂ ਦਾ)।
48592	1136	ਤਿਸੁ ਸੇਵੀ ਜੋ ਰਖੈ ਨਿਦਾਨਾ॥੧॥		This Saevee Jo Rakhai Nidhaanaa ||1||	I serve only the One, who will protect me in the end. ||1||	ਮੈਂ ਤਾਂ (ਸਿਰਫ਼) ਉਸ ਪਰਮਾਤਮਾ ਨੂੰ ਸਿਮਰਦਾ ਹਾਂ ਜਿਹੜਾ ਆਖ਼ਿਰ (ਹਰੇਕ ਦੀ) ਰੱਖਿਆ ਕਰਦਾ ਹੈ ॥੧॥
48593	1136	ਏਕੁ ਗੁਸਾਈ ਅਲਹੁ ਮੇਰਾ॥	ਗੁਸਾਂਈਂ,ਅੱਲਹੁ	Eaek Gusaaee Alahu Maeraa ||	The One Lord, the Lord of the World, is my God Allah.	ਮੇਰਾ ਤਾਂ ਸਿਰਫ਼ ਉਹ ਹੈ (ਜਿਸ ਨੂੰ ਹਿੰਦੂ) ਗੁਸਾਈਂ (ਆਖਦਾ ਹੈ ਅਤੇ ਜਿਸ ਨੂੰ ਮੁਸਲਮਾਨ) ਅੱਲਾ (ਆਖਦਾ ਹੈ)।

48594	1136	ਹਿੰਦੂ ਤੁਰਕ ਦੁਹਾਂ ਨੇਬੇਰਾ॥੧॥ਰਹਾਉ॥		Hindhoo Thurak Dhuhaan Naebaeraa ||1|| Rehaao ||	He adminsters justice to both Hindus and Muslims. ||1||Pause||	(ਆਤਮਕ ਜੀਵਨ ਦੀ ਅਗਵਾਈ ਦੇ ਸੰਬੰਧ ਵਿਚ) ਮੈਂ ਹਿੰਦੂ ਅਤੇ ਤੁਰਕ ਦੋਹਾਂ ਨਾਲੋਂ ਹੀ ਸਾਂਝ ਮੁਕਾ ਲਈ ਹੈ ॥੧॥ ਰਹਾਉ ॥
48595	1136	ਹਜ ਕਾਬੈ ਜਾਉ ਨ ਤੀਰਥ ਪੂਜਾ॥	ਹੱਜ। ਕੱਾਬੈ। ਪੂਜਾ: ਪੋਲਾ ਬੋਲੋ	Haj Kaabai Jaao N Theerathh Poojaa ||	I do not make pilgrimages to Mecca, nor do I worship at Hindu sacred shrines.	ਮੈਂ ਨਾਹ ਕਾਬੇ ਦਾ ਹੱਜ ਕਰਨ ਜਾਂਦਾ ਹਾਂ (ਜਿਵੇਂ ਮੁਸਲਮਾਨ ਜਾਂਦੇ ਹਨ), ਨਾਹ ਮੈਂ (ਹਿੰਦੂਆਂ ਵਾਂਗ) ਤੀਰਥਾਂ ਤੇ ਪੂਜਾ ਕਰਨ ਜਾਂਦਾ ਹਾਂ।
48596	1136	ਏਕੋ ਸੇਵੀ ਅਵਰੁ ਨ ਦੂਜਾ॥੨॥		Eaeko Saevee Avar N Dhoojaa ||2||	I serve the One Lord, and not any other. ||2||	ਮੈਂ ਤਾਂ ਸਿਰਫ਼ ਇੱਕ ਪਰਮਾਤਮਾ ਨੂੰ ਸਿਮਰਦਾ ਹਾਂ, ਕਿਸੇ ਹੋਰ ਦੂਜੇ ਨੂੰ ਨਹੀਂ (ਸਿਮਰਦਾ) ॥੨॥
48597	1136	ਪੂਜਾ ਕਰਉ ਨ ਨਿਵਾਜ ਗੁਜਾਰਉ॥		Poojaa Karo N Nivaaj Gujaaro ||	I do not perform Hindu worship services, nor do I offer the Muslim prayers.	ਮੈਂ ਨਾਹ (ਹਿੰਦੂਆਂ ਵਾਂਗ ਵੇਦ-) ਪੂਜਾ ਕਰਦਾ ਹਾਂ, ਨਾਹ (ਮੁਸਲਮਾਨ ਵਾਂਗ) ਨਿਮਾਜ਼ ਪੜ੍ਹਦਾ ਹਾਂ।
48598	1136	ਏਕ ਨਿਰੰਕਾਰ ਲੇ ਰਿਦੈ ਨਮਸਕਾਰਉ॥੩॥		Eaek Nirankaar Lae Ridhai Namasakaaro ||3||	I have taken the One Formless Lord into my heart; I humbly worship Him there. ||3||	ਮੈਂ ਤਾਂ ਸਿਰਫ਼ ਨਿਰੰਕਾਰ ਨੂੰ ਹਿਰਦੇ ਵਿਚ ਵਸਾ ਕੇ (ਉਸ ਅੱਗੇ) ਸਿਰ ਨਿਵਾਂਦਾ ਹਾਂ ॥੩॥
48599	1136	ਨਾ ਹਮ ਹਿੰਦੂ ਨ ਮੁਸਲਮਾਨ॥		Naa Ham Hindhoo N Musalamaan ||	I am not a Hindu, nor am I a Muslim.	(ਆਤਮਕ ਜੀਵਨ ਦੀ ਅਗਵਾਈ ਵਾਸਤੇ) ਨਾਹ ਅਸੀਂ ਹਿੰਦੂ (ਦੇ ਮੁਥਾਜ) ਹਾਂ, ਨਾਹ ਅਸੀਂ ਮੁਸਲਮਾਨ (ਦੇ ਮੁਥਾਜ) ਹਾਂ।

48600	1136	ਅਲਹ ਰਾਮ ਕੇ ਪਿੰਡੁ ਪਰਾਨ॥੪॥	ਅੱਲਹ	Aleh Raam Kae Pindd Paraan ||4||	My body and breath of life belong to Allah - to Raam - the God of both. ||4||	ਸਾਡੇ ਇਹ ਸਰੀਰ ਸਾਡੀ ਇਹ ਜਿੰਦ (ਉਸ ਪਰਮਾਤਮਾ) ਦੇ ਦਿੱਤੇ ਹੋਏ ਹਨ (ਜਿਸ ਨੂੰ ਮੁਸਲਮਾਨ) ਅੱਲਾ (ਆਖਦਾ ਹੈ, ਜਿਸ ਨੂੰ ਹਿੰਦੂ) ਰਾਮ (ਆਖਦਾ ਹੈ) ॥੪॥
48601	1136	ਕਹੁ ਕਬੀਰ ਇਹੁ ਕੀਆ ਵਖਾਨਾ॥		Kahu Kabeer Eihu Keeaa Vakhaanaa ||	Says Kabeer, this is what I say:	ਕਬੀਰ ਆਖਦਾ ਹੈ- (ਹੇ ਭਾਈ!) ਮੈਂ ਤਾਂ ਇਹ ਗੱਲ ਖੋਲ੍ਹ ਕੇ ਦੱਸਦਾ ਹਾਂ,
48602	1136	ਗੁਰ ਪੀਰ ਮਿਲਿ ਖੁਦਿ ਖਸਮੁ ਪਛਾਨਾ॥੫॥੩॥		Gur Peer Mil Khudh Khasam Pashhaanaa ||5||3||	Meeting with the Guru, my Spiritual Teacher, I realize God, my Lord and Master. ||5||3||	ਕਿ ਮੈਂ ਆਪਣੇ ਗੁਰੂ-ਪੀਰ ਨੂੰ ਮਿਲ ਕੇ ਆਪਣੇ ਖਸਮ-ਪ੍ਰਭੂ ਨਾਲ ਡੂੰਘੀ ਸਾਂਝ ਪਾ ਰੱਖੀ ਹੈ ॥੫॥੩॥
48603	1136	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48604	1136	ਦਸ ਮਿਰਗੀ ਸਹਜੇ ਬੰਧਿਆਨੀ॥	(ਮਿਰਗੀ) ਇੰਦ੍ਰੀਆਂ। ਬੰਧਿ-ਆਨੀ	Dhas Miragee Sehajae Bandhh Aanee ||	I easily tied up the deer - the ten sensory organs.	(ਸੰਤ ਜਨਾਂ ਦੀ ਸਹਾਇਤਾ ਨਾਲ, ਸਾਧ ਸੰਗਤ ਦੀ ਬਰਕਤਿ ਨਾਲ) ਆਤਮਕ ਅਡੋਲਤਾ ਵਿਚ ਟਿਕ ਕੇ ਮੈਂ ਦਸੇ ਹਿਰਨੀਆਂ (ਇੰਦ੍ਰੀਆਂ) ਬੰਨ੍ਹ ਕੇ ਲੈ ਆਂਦੀਆਂ (ਵੱਸ ਵਿਚ ਕਰ ਲਈਆਂ)।
48605	1136	ਪਾਂਚ ਮਿਰਗ ਬੇਧੇ ਸਿਵ ਕੀ ਬਾਨੀ॥੧॥	ਬਾਨੀ: ਪੋਲਾ ਬੋਲੋ	Paanch Mirag Baedhhae Siv Kee Baanee ||1||	I shot five of the desires with the Word of the Lord's Bani. ||1||	ਕਦੇ ਖ਼ਤਾ ਨਾਹ ਖਾਣ ਵਾਲੇ ਗੁਰ-ਸ਼ਬਦ-ਤੀਰਾਂ ਨਾਲ ਮੈਂ ਪੰਜ (ਕਾਮਾਦਿਕ) ਹਿਰਨ (ਭੀ) ਵਿੰਨ੍ਹ ਲਏ ॥੧॥

48606	1136	ਸੰਤਸੰਗਿ ਲੇ ਚੜਿਓ ਸਿਕਾਰ॥	ਚੜ੍ਹਿਓ	Santhasang Lae Charriou Sikaar ||	I go out hunting with the Saints,	ਸੰਤ ਜਨਾਂ ਨੂੰ ਨਾਲ ਲੈ ਕੇ ਮੈਂ ਸ਼ਿਕਾਰ ਖੇਡਣ ਚੜ੍ਹ ਪਿਆ (ਸਾਧ ਸੰਗਤ ਵਿਚ ਟਿਕ ਕੇ ਮੈਂ ਕਾਮਾਦਿਕ ਹਿਰਨਾਂ ਨੂੰ ਫੜਨ ਲਈ ਤਿਆਰੀ ਕਰ ਲਈ)।
48607	1136	ਮ੍ਰਿਗ ਪਕਰੇ ਬਿਨੁ ਘੋਰ ਹਥੀਆਰ॥੧॥ਰਹਾਉ ॥		Mrig Pakarae Bin Ghor Hathheeaar ||1|| Rehaao ||	And we capture the deer without horses or weapons. ||1||Pause||	ਬਿਨਾ ਘੋੜਿਆਂ ਤੋਂ ਬਿਨਾ ਹਥਿਆਰਾਂ ਤੋਂ (ਉਹ ਕਾਮਾਦਿਕ) ਹਿਰਨ ਮੈਂ ਫੜ ਲਏ (ਵੱਸ ਵਿਚ ਕਰ ਲਏ) ॥੧॥ ਰਹਾਉ ॥
48608	1136	ਆਖੇਰ ਬਿਰਤਿ ਬਾਹਰਿ ਆਇਓ ਧਾਇ॥		Aakhaer Birath Baahar Aaeiou Dhhaae ||	My mind used to run around outside hunting.	(ਸਾਧ ਸੰਗਤ ਦੀ ਬਰਕਤਿ ਨਾਲ, ਸੰਤ ਜਨਾਂ ਦੀ ਸਹਾਇਤਾ ਨਾਲ) ਵਿਸ਼ੇ-ਵਿਕਾਰਾਂ ਦਾ ਸ਼ਿਕਾਰ ਖੇਡਣ ਵਾਲਾ ਸੁਭਾਉ (ਮੇਰੇ ਅੰਦਰੋਂ) ਦੌੜ ਕੇ ਬਾਹਰ ਨਿਕਲ ਗਿਆ।
48609	1136	ਅਹੇਰਾ ਪਾਇਓ ਘਰ ਕੈ ਗਾਂਇ॥੨॥		Ahaeraa Paaeiou Ghar Kai Gaane ||2||	But now, I have found the game within the home of my body-village. ||2||	(ਜਿਸ ਮਨ ਨੂੰ ਪਕੜਨਾ ਸੀ ਉਹ ਮਨ-) ਸ਼ਿਕਾਰ ਮੈਨੂੰ ਆਪਣੇ ਸਰੀਰ ਦੇ ਅੰਦਰ ਹੀ ਲੱਭ ਪਿਆ (ਤੇ, ਮੈਂ ਉਸ ਨੂੰ ਕਾਬੂ ਕਰ ਲਿਆ) ॥੨॥
48610	1136	ਮ੍ਰਿਗ ਪਕਰੇ ਘਰਿ ਆਣੇ ਹਾਟਿ॥		Mrig Pakarae Ghar Aanae Haatt ||	I caught the deer and brought them home.	(ਪੰਜਾਂ) ਹਿਰਨਾਂ ਨੂੰ ਫੜ ਕੇ ਮੈਂ ਆਪਣੇ ਘਰ ਵਿਚ ਲੈ ਆਂਦਾ, ਆਪਣੀ ਹੱਟੀ ਵਿਚ ਲੈ ਆਂਦਾ।

48611	1136	ਚੁਖ ਚੁਖ ਲੇ ਗਏ ਬਾਂਢੇ ਬਾਟਿ॥੩॥	ਚਖੁ:ਪੋਲਾ ਬੋਲੋ। (ਚੁਖ) ਥੋੜਾ	Chukh Chukh Lae Geae Baandtae Baatt ||3||	Dividing them up, I shared them, bit by bit. ||3||	(ਸੰਤ ਜਨ ਉਹਨਾਂ ਨੂੰ) ਰਤਾ ਰਤਾ ਕਰ ਕੇ (ਮੇਰੇ ਅੰਦਰੋਂ) ਦੂਰ-ਦੁਰਾਡੇ ਥਾਂ ਲੈ ਗਏ (ਮੇਰੇ ਅੰਦਰੋਂ ਸੰਤ ਜਨਾਂ ਨੇ ਪੰਜਾਂ ਕਾਮਾਦਿਕ ਹਿਰਨਾਂ ਨੂੰ ਉੱਕਾ ਹੀ ਕੱਢ ਦਿੱਤਾ) ॥੩॥
48612	1136	ਏਹੁ ਅਹੇਰਾ ਕੀਨੋ ਦਾਨੁ॥		Eaehu Ahaeraa Keeno Dhaan ||	God has given this gift.	ਸੰਤ ਜਨਾਂ ਨੇ ਇਹ ਫੜਿਆ ਹੋਇਆ ਸ਼ਿਕਾਰ (ਇਹ ਵੱਸ ਵਿਚ ਕੀਤਾ ਹੋਇਆ ਮੇਰਾ ਮਨ) ਮੈਨੂੰ ਬਖ਼ਸ਼ੀਸ਼ ਦੇ ਤੌਰ ਤੇ ਦੇ ਦਿੱਤਾ।
48613	1136	ਨਾਨਕ ਕੈ ਘਰਿ ਕੇਵਲ ਨਾਮੁ॥੪॥੪॥		Naanak Kai Ghar Kaeval Naam ||4||4||	Nanak's home is filled with the Naam, the Name of the Lord. ||4||4||	ਹੁਣ ਮੈਂ ਨਾਨਕ ਦੇ ਹਿਰਦੇ ਵਿਚ ਸਿਰਫ਼ ਪਰਮਾਤਮਾ ਦਾ ਨਾਮ ਹੀ ਨਾਮ ਹੈ (ਮਨ ਵੱਸ ਵਿਚ ਆ ਗਿਆ ਹੈ, ਤੇ ਕਾਮਾਦਿਕ ਭੀ ਆਪਣਾ ਜ਼ੋਰ ਨਹੀਂ ਪਾ ਸਕਦੇ) ॥੪॥੪॥
48614	1136	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48615	1136	ਜੇ ਸਉ ਲੋਚਿ ਲੋਚਿ ਖਾਵਾਇਆ॥	(ਲੋਚਿ) ਚਾਹ ਕੇ	Jae So Loch Loch Khaavaaeiaa ||	Even though he may be fed with hundreds of longings and yearnings,	ਪਰਮਾਤਮਾ ਤੋਂ ਟੁੱਟੇ ਹੋਏ ਮਨੁੱਖ ਨੂੰ ਜੇ ਸੌ ਵਾਰੀ ਭੀ ਬੜੀ ਤਾਂਘ ਨਾਲ (ਉਸ ਦਾ ਆਤਮਕ ਜੀਵਨ ਕਾਇਮ ਰੱਖਣ ਲਈ ਨਾਮ-) ਭੋਜਨ ਖਵਾਲਣ ਦਾ ਜਤਨ ਕੀਤਾ ਜਾਏ,

48616	1136	ਸਾਕਤ ਹਰਿ ਹਰਿ ਚੀਤਿ ਨ ਆਇਆ॥੧॥		Saakath Har Har Cheeth N Aaeiaa ||1||	Still the faithless cynic does not remember the Lord, Har, Har. ||1||	ਤਾਂ ਭੀ ਉਸ ਦੇ ਚਿੱਤ ਵਿਚ ਪਰਮਾਤਮਾ ਦਾ ਨਾਮ (-ਭੋਜਨ) ਟਿਕ ਨਹੀਂ ਸਕਦਾ ॥੧॥
48617	1136	ਸੰਤ ਜਨਾ ਕੀ ਲੇਹੁ ਮਤੇ॥		Santh Janaa Kee Laehu Mathae ||	Take in the teachings of the humble Saints.	(ਪਰਮਾਤਮਾ ਦੇ ਚਰਨਾਂ ਨਾਲੋਂ ਟੁੱਟੇ ਹੋਏ ਬੰਦਿਆਂ ਦੀ ਸੰਗਤ ਕਰਨ ਦੇ ਥਾਂ) ਸੰਤ ਜਨਾਂ ਪਾਸੋਂ (ਸਹੀ ਜੀਵਨ-ਜੁਗਤਿ ਦੀ) ਸਿੱਖਿਆ ਲਿਆ ਕਰੋ।
48618	1136	ਸਾਧਸੰਗਿ ਪਾਵਹੁ ਪਰਮਗਤੇ॥੧॥ਰਹਾਉ ॥	ਪਰਮ-ਗਤੇ	Saadhhasang Paavahu Param Gathae ||1|| Rehaao ||	In the Saadh Sangat, the Company of the Holy, you shall obtain the supreme status. ||1||Pause||	ਸੰਤ ਜਨਾਂ ਦੀ ਸੰਗਤ ਵਿਚ (ਰਹਿ ਕੇ) ਤੁਸੀਂ ਸਭ ਤੋਂ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲਵੋਗੇ ॥੧॥ ਰਹਾਉ ॥
48619	1136	ਪਾਥਰ ਕਉ ਬਹੁ ਨੀਰੁ ਪਵਾਇਆ॥		Paathhar Ko Bahu Neer Pavaaeiaa ||	Stones may be kept under water for a long time.	ਜੇ ਕਿਸੇ ਪੱਥਰ ਉੱਤੇ ਬਹੁਤ ਸਾਰਾ ਪਾਣੀ ਸੁਟਾਇਆ ਜਾਏ, (ਤਾਂ ਭੀ ਉਹ ਪੱਥਰ ਅੰਦਰੋਂ) ਭਿੱਜਦਾ ਨਹੀਂ,
48620	1136	ਨਹ ਭੀਗੈ ਅਧਿਕ ਸੂਕਾਇਆ॥੨॥		Neh Bheegai Adhhik Sookaaeiaa ||2||	Even so, they do not absorb the water; they remain hard and dry. ||2||	(ਅੰਦਰੋਂ ਉਹ) ਬਿਲਕੁਲ ਸੁੱਕਾ ਹੀ ਰਹਿੰਦਾ ਹੈ (ਇਹੀ ਹਾਲ ਹੈ ਸਾਕਤ ਦਾ) ॥੨॥
48621	1137	ਖਟੁ ਸਾਸਤ੍ਰ ਮੂਰਖੈ ਸੁਨਾਇਆ॥		Khatt Saasathr Moorakhai Sunaaeiaa ||	The six Shaastras may be read to a fool,	ਜੇ ਕਿਸੇ ਅਨਪੜ੍ਹ ਮੂਰਖ ਨੂੰ ਛੇ ਸ਼ਾਸਤ੍ਰ ਸੁਣਾਏ ਜਾਣ,

48622	1137	ਜੈਸੇ ਦਹ ਦਿਸ ਪਵਨੁ ਝੁਲਾਇਆ॥੩॥		Jaisae Dheh Dhis Pavan Jhulaaeiaa ||3||	But it is like the wind blowing in the ten directions. ||3||	(ਉਹ ਅਨਪੜ੍ਹ ਵਿਚਾਰਾ ਕੀਹ ਸਮਝੇ ਉਹਨਾਂ ਸ਼ਾਸਤ੍ਰਾਂ ਨੂੰ? ਉਸ ਦੇ ਭਾਣੇ ਤਾਂ ਇਉਂ ਹੈ) ਜਿਵੇਂ ਉਸ ਦੇ ਦਸੀਂ ਪਾਸੀਂ (ਨਿਰੀ) ਹਵਾ ਹੀ ਚੱਲ ਰਹੀ ਹੈ (ਇਹੀ ਹਾਲ ਹੈ ਸਾਕਤ ਦਾ) ॥੩॥
48623	1137	ਬਿਨੁ ਕਣ ਖਲਹਾਨੁ ਜੈਸੇ ਗਾਹ ਨ ਪਾਇਆ॥	(ਕਣ) ਦਾਣੇ। (ਖਲਹਾਨੁ) ਖਲਵਾੜੇ (ਦੂਜਾ ਪਾਠ: ਗਾਹਨ)	Bin Kan Khalehaan Jaisae Gaahan Paaeiaa ||	It is like threshing a crop without any corn - nothing is gained.	ਜਿਵੇਂ ਅੰਨ ਦੇ ਦਾਣਿਆਂ ਤੋਂ ਬਿਨਾ ਕੋਈ ਖਲਵਾੜਾ ਗਾਹਿਆ ਜਾਏ (ਉਸ ਵਿਚੋਂ ਦਾਣਿਆਂ ਦਾ ਬੋਹਲ ਨਹੀਂ ਬਣੇਗਾ),
48624	1137	ਤਿਉ ਸਾਕਤ ਤੇ ਕੋ ਨ ਬਰਾਸਾਇਆ॥੪॥		Thio Saakath Thae Ko N Baraasaaeiaa ||4||	In the same way, no benefit comes from the faithless cynic. ||4||	ਤਿਵੇਂ ਹੀ ਪਰਮਾਤਮਾ ਦੇ ਚਰਨਾਂ ਨਾਲੋਂ ਟੁੱਟੇ ਹੋਏ ਮਨੁੱਖ ਪਾਸੋਂ ਕੋਈ ਮਨੁੱਖ ਆਤਮਕ ਜੀਵਨ ਦੀ ਖ਼ੁਰਾਕ ਪ੍ਰਾਪਤ ਨਹੀਂ ਕਰ ਸਕਦਾ ॥੪॥
48625	1137	ਤਿਤ ਹੀ ਲਾਗਾ ਜਿਤੁ ਕੋ ਲਾਇਆ॥		Thith Hee Laagaa Jith Ko Laaeiaa ||	As the Lord attaches them, so are all attached.	ਪਰ, (ਸਾਕਤ ਦੇ ਭੀ ਕੀਹ ਵੱਸ?) ਹਰ ਕੋਈ ਉਸ (ਕੰਮ) ਵਿਚ ਹੀ ਲੱਗਦਾ ਹੈ ਜਿਸ ਵਿਚ (ਪਰਮਾਤਮਾ ਵੱਲੋਂ) ਉਹ ਲਾਇਆ ਜਾਂਦਾ ਹੈ।
48626	1137	ਕਹੁ ਨਾਨਕ ਪ੍ਰਭਿ ਬਣਤ ਬਣਾਇਆ॥੫॥੫॥		Kahu Naanak Prabh Banath Banaaeiaa ||5||5||	Says Nanak, God has formed such a form. ||5||5||	ਨਾਨਕ ਆਖਦਾ ਹੈ- (ਕੋਈ ਸਾਕਤ ਹੈ ਤੇ ਕੋਈ ਸੰਤ ਹੈ- ਇਹ) ਖੇਡ ਪ੍ਰਭੂ ਨੇ ਆਪ ਹੀ ਬਣਾਈ ਹੋਈ ਹੈ ॥੫॥੫॥

48627	1137	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48628	1137	ਜੀਉ ਪ੍ਰਾਣ ਜਿਨਿ ਰਚਿਓ ਸਰੀਰ॥		Jeeo Praan Jin Rachiou Sareer ||	He created the soul, the breath of life and the body.	ਜਿਸ (ਪਰਮਾਤਮਾ) ਨੇ ਜਿੰਦ ਪ੍ਰਾਣ (ਦੇ ਕੇ ਜੀਵਾਂ ਦੇ) ਸਰੀਰ ਰਚੇ ਹਨ,
48629	1137	ਜਿਨਹਿ ਉਪਾਏ ਤਿਸ ਕਉ ਪੀਰ॥੧॥		Jinehi Oupaaeae This Ko Peer ||1||	He created all beings, and knows their pains. ||1||	ਜਿਸ ਪਰਮਾਤਮਾ ਨੇ ਜੀਵ ਪੈਦਾ ਕੀਤੇ ਹਨ, ਉਸ ਨੂੰ ਹੀ (ਜੀਵਾਂ ਦਾ) ਦਰਦ ਹੈ ॥੧॥
48630	1137	ਗੁਰੁ ਗੋਬਿੰਦੁ ਜੀਅ ਕੈ ਕਾਮ॥		Gur Gobindh Jeea Kai Kaam ||	The Guru, the Lord of the Universe, is the Helper of the soul.	ਉਹ ਗੁਰੂ (ਹੀ) ਉਹ ਗੋਬਿੰਦ (ਹੀ) ਜਿੰਦ ਦੀ ਸਹਾਇਤਾ ਕਰਨ ਵਾਲਾ ਹੈ,
48631	1137	ਹਲਤਿ ਪਲਤਿ ਜਾ ਕੀ ਸਦ ਛਾਮ॥੧॥ਰਹਾਉ॥		Halath Palath Jaa Kee Sadh Shhaam ||1|| Rehaao ||	Here and herafter, He always provides shade. ||1||Pause||	ਜਿਸ (ਗੁਰੂ) ਦਾ ਜਿਸ (ਗੋਬਿੰਦ) ਦਾ ਇਸ ਲੋਕ ਵਿਚ ਅਤੇ ਪਰਲੋਕ ਵਿਚ ਸਦਾ (ਮਨੁੱਖ ਨੂੰ) ਆਸਰਾ ਹੈ ॥੧॥ ਰਹਾਉ ॥
48632	1137	ਪ੍ਰਭੁ ਆਰਾਧਨ ਨਿਰਮਲ ਰੀਤਿ॥		Prabh Aaraadhhan Niramal Reeth ||	Worship and adoration of God is the pure way of life.	ਉਸ ਪਰਮਾਤਮਾ ਨੂੰ ਸਿਮਰਨਾ ਹੀ ਪਵਿੱਤਰ ਜੀਵਨ-ਜੁਗਤਿ ਹੈ (ਇਹ ਜੀਵਨ-ਜੁਗਤਿ ਸਾਧ ਸੰਗਤ ਵਿਚ ਪ੍ਰਾਪਤ ਹੁੰਦੀ ਹੈ)।
48633	1137	ਸਾਧਸੰਗਿ ਬਿਨਸੀ ਬਿਪਰੀਤਿ॥੨॥		Saadhhasang Binasee Bipareeth ||2||	In the Saadh Sangat, the Company of the Holy, the love of duality vanishes. ||2||	ਸਾਧ ਸੰਗਤ ਵਿਚ ਰਹਿ ਕੇ (ਸਿਮਰਨ ਤੋਂ) ਉਲਟੀ ਜੀਵਨ-ਜੁਗਤਿ ਨਾਸ ਹੋ ਜਾਂਦੀ ਹੈ (ਭਾਵ, ਸਿਮਰਨ ਨਾਹ ਕਰਨ ਦੀ ਮਾੜੀ ਵਾਦੀ ਖ਼ਤਮ ਹੋ ਜਾਂਦੀ ਹੈ) ॥੨॥

48634	1137	ਮੀਤ ਹੀਤ ਧਨੁ ਨਹ ਪਾਰਣਾ॥	(ਪਾਰਣਾ) ਆਸਰਾ	Meeth Heeth Dhhan Neh Paaranaa ||	Friends, well-wishers and wealth will not support you.	ਮਿੱਤਰ, ਹਿਤੂ, ਧਨ-ਇਹ (ਮਨੁੱਖ ਦੀ ਜਿੰਦ ਦਾ) ਸਹਾਰਾ ਨਹੀਂ ਹਨ।
48635	1137	ਧੰਨਿ ਧੰਨਿ ਮੇਰੇ ਨਾਰਾਇਣਾ॥੩॥		Dhhann Dhhann Maerae Naaraaeinaa ||3||	Blessed, blessed is my Lord. ||3||	ਹੇ ਮੇਰੇ ਪਰਮਾਤਮਾ! (ਤੂੰ ਹੀ ਅਸਾਂ ਜੀਵਾਂ ਦਾ ਆਸਰਾ ਹੈਂ) ਤੂੰ ਹੀ ਸਲਾਹੁਣ-ਜੋਗ ਹੈਂ, ਤੂੰ ਹੀ ਸਲਾਹੁਣ-ਜੋਗ ਹੈਂ ॥੩॥
48636	1137	ਨਾਨਕੁ ਬੋਲੈ ਅੰਮ੍ਰਿਤ ਬਾਣੀ॥		Naanak Bolai Anmrith Baanee ||	Nanak utters the Ambrosial Bani of the Lord.	ਨਾਨਕ ਆਤਮਕ ਜੀਵਨ ਦੇਣ ਵਾਲਾ (ਇਹ) ਬਚਨ ਆਖਦਾ ਹੈ
48637	1137	ਏਕ ਬਿਨਾ ਦੂਜਾ ਨਹੀ ਜਾਣੀ॥੪॥੬॥		Eaek Binaa Dhoojaa Nehee Jaanee ||4||6||	Except the One Lord, he does not know any other at all. ||4||6||	ਕਿ ਇਕ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਨੂੰ (ਜ਼ਿੰਦਗੀ ਦਾ ਸਹਾਰਾ) ਨਾਹ ਸਮਝੀਂ ॥੪॥੬॥
48638	1137	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48639	1137	ਆਗੈ ਦਯੁ ਪਾਛੈ ਨਾਰਾਇਣ॥	ਦ-ਯੁ: ਦ ਮੁਕਤਾ, ਯੁ ਔਂਕੜ ਸਹਿਤ ਤਾਲੂ ਤੋਂ ਬੋਲੋ	Aagai Dhay Paashhai Naaraaein ||	The Lord is in front of me, and the Lord is behind me.	ਅਗਾਂਹ ਆਉਣ ਵਾਲੇ ਸਮੇ ਵਿਚ ਪਰਮਾਤਮਾ ਹੀ (ਅਸਾਂ ਜੀਵਾਂ ਉਤੇ) ਤਰਸ ਕਰਨ ਵਾਲਾ ਹੈ, ਪਿੱਛੇ ਲੰਘ ਚੁਕੇ ਸਮੇ ਵਿਚ ਭੀ ਪਰਮਾਤਮਾ ਹੀ (ਸਾਡਾ ਰਾਖਾ ਸੀ)।
48640	1137	ਮਧਿਭਾਗਿ ਹਰਿ ਪ੍ਰੇਮ ਰਸਾਇਣ॥੧॥	(ਮਧਿ) ਵਿਚਲੇ (ਭਾਗਿ) ਹਿੱਸੇ ਰਿਦੇ ਚ । ਵਿਚਲੇ ਹਿੱਸੇ ਭਾਵ ਵਰਤਮਾਨ ਸਮੇਂ ਚ	Madhh Bhaag Har Praem Rasaaein ||1||	My Beloved Lord, the Source of Nectar, is in the middle as well. ||1||	ਹੁਣ ਭੀ ਸਾਰੇ ਸੁਖਾਂ ਦਾ ਦਾਤਾ ਪ੍ਰਭੂ ਹੀ (ਸਾਡੇ ਨਾਲ) ਪਿਆਰ ਕਰਨ ਵਾਲਾ ਹੈ ॥੧॥

48641	1137	ਪ੍ਰਭੂ ਹਮਾਰੈ ਸਾਸਤ੍ਰ ਸਉਣ॥		Prabhoo Hamaarai Saasathr Soun ||	God is my Shaastra and my favorable omen.	ਪ੍ਰਭੂ ਦਾ ਨਾਮ ਹੀ ਸਾਡੇ ਵਾਸਤੇ ਚੰਗਾ ਮੁਹੂਰਤ ਦੱਸਣ ਵਾਲਾ ਸ਼ਾਸਤ੍ਰ ਹੈ,
48642	1137	ਸੂਖ ਸਹਜ ਆਨੰਦ ਗ੍ਰਿਹ ਭਉਣ॥੧॥ਰਹਾਉ॥		Sookh Sehaj Aanandh Grih Bhoun ||1|| Rehaao ||	In His Home and Mansion, I find peace, poise and bliss. ||1||Pause||	(ਜਿਸ ਹਿਰਦੇ ਵਿਚ ਪ੍ਰਭੂ ਦਾ ਨਾਮ ਵੱਸਦਾ ਹੈ, ਉਸ) ਹਿਰਦੇ-ਘਰ ਵਿਚ ਸਦਾ ਆਤਮਕ ਅਡੋਲਤਾ ਦੇ ਸੁਖ ਹਨ ਆਨੰਦ ਹਨ ॥੧॥ ਰਹਾਉ ॥
48643	1137	ਰਸਨਾ ਨਾਮੁ ਕਰਨ ਸੁਣਿ ਜੀਵੇ॥		Rasanaa Naam Karan Sun Jeevae ||	Chanting the Naam, the Name of the Lord, with my tongue, and hearing it with my ears, I live.	ਜੀਭ ਨਾਲ ਨਾਮ (ਜਪ ਕੇ), ਕੰਨਾਂ ਨਾਲ (ਨਾਮ) ਸੁਣ ਕੇ (ਅਨੇਕਾਂ ਹੀ ਜੀਵ) ਆਤਮਕ ਜੀਵਨ ਪ੍ਰਾਪਤ ਕਰ ਗਏ।
48644	1137	ਪ੍ਰਭ ਸਿਮਰਿ ਸਿਮਰਿ ਅਮਰ ਥਿਰੁ ਥੀਵੇ॥੨॥		Prabh Simar Simar Amar Thhir Thheevae ||2||	Meditating, meditating in remembrance on God, I have become eternal, permanent and stable. ||2||	ਪਰਮਾਤਮਾ ਦਾ ਨਾਮ ਸਦਾ ਸਿਮਰ ਕੇ (ਅਨੇਕਾਂ ਜੀਵ) ਆਤਮਕ ਮੌਤ ਤੋਂ ਬਚ ਗਏ, (ਵਿਕਾਰਾਂ ਦੇ ਟਾਕਰੇ ਤੇ) ਅਡੋਲ-ਚਿੱਤ ਬਣੇ ਰਹੇ ॥੨॥
48645	1137	ਜਨਮ ਜਨਮ ਕੇ ਦੂਖ ਨਿਵਾਰੇ॥		Janam Janam Kae Dhookh Nivaarae ||	The pains of countless lifetimes have been erased.	(ਜਿਨ੍ਹਾਂ ਨੇ ਪਰਮਾਤਮਾ ਦੇ ਨਾਮ ਨੂੰ ਜੀਵਨ ਦਾ ਆਸਰਾ ਬਣਾਇਆ, ਉਹਨਾਂ ਦੇ ਆਪਣੇ) ਅਨੇਕਾਂ ਹੀ ਜਨਮਾਂ ਦੇ ਦੁੱਖ-ਪਾਪ ਦੂਰ ਕਰ ਲਏ,

48646	1137	ਅਨਹਦ ਸਬਦ ਵਜੇ ਦਰਬਾਰੇ ॥੩॥		Anehadh Sabadh Vajae Dharabaarae ||3||	The Unstruck Sound-current of the Shabad, the Word of God, vibrates in the Court of the Lord. ||3||	ਉਹਨਾਂ ਦੇ ਹਿਰਦੇ-ਦਰਬਾਰ ਵਿਚ ਇਉਂ ਇਕ-ਰਸ ਆਨੰਦ ਬਣ ਗਿਆ ਜਿਵੇਂ ਪੰਜਾਂ ਹੀ ਕਿਸਮਾਂ ਦੇ ਸਾਜ਼ ਵੱਜਣ ਨਾਲ ਸੰਗੀਤਕ ਰਸ ਬਣਦਾ ਹੈ ॥੩॥
48647	1137	ਕਰਿ ਕਿਰਪਾ ਪ੍ਰਭਿ ਲੀਏ ਮਿਲਾਏ॥		Kar Kirapaa Prabh Leeeae Milaaeae ||	Granting His Grace, God has blended me with Himself.	ਹੇ ਨਾਨਕ! (ਜਿਹੜੇ ਮਨੁੱਖ ਸਗਨ ਆਦਿਕਾਂ ਦੇ ਭਰਮ ਛੱਡ ਕੇ ਸਿੱਧੇ) ਪਰਮਾਤਮਾ ਦੀ ਸਰਨ ਆ ਪਏ,
48648	1137	ਨਾਨਕ ਪ੍ਰਭ ਸਰਣਾਗਤਿ ਆਏ॥੪॥੭॥	ਸਰ-ਣਾਗਤਿ	Naanak Prabh Saranaagath Aaeae ||4||7||	Nanak has entered the Sanctuary of God. ||4||7||	ਪਰਮਾਤਮਾ ਨੇ ਕਿਰਪਾ ਕਰ ਕੇ ਉਹਨਾਂ ਨੂੰ ਆਪਣੇ ਚਰਨਾਂ ਵਿਚ ਜੋੜ ਲਿਆ ॥੪॥੭॥
48649	1137	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48650	1137	ਕੋਟਿ ਮਨੋਰਥ ਆਵਹਿ ਹਾਥ॥		Kott Manorathh Aavehi Haathh ||	It brings millions of desires to fulfillment.	(ਜਿਹੜਾ ਮਨੁੱਖ ਨਾਮ ਜਪਦਾ ਹੈ ਉਸ ਦੇ) ਮਨ ਦੀਆਂ ਕ੍ਰੋੜਾਂ ਮੰਗਾਂ ਪੂਰੀਆਂ ਹੋ ਜਾਂਦੀਆਂ ਹਨ।
48651	1137	ਜਮ ਮਾਰਗ ਕੈ ਸੰਗੀ ਪਾਂਥ॥੧॥		Jam Maarag Kai Sangee Paanthh ||1||	On the Path of Death, It will go with you and help you. ||1||	ਮਰਨ ਤੋਂ ਪਿੱਛੋਂ ਭੀ ਇਹ ਨਾਮ ਹੀ ਉਸ ਦਾ ਸਾਥੀ ਬਣਦਾ ਹੈ ਸਹਾਇਕ ਬਣਦਾ ਹੈ ॥੧॥
48652	1137	ਗੰਗਾ ਜਲੁ ਗੁਰ ਗੋਬਿੰਦ ਨਾਮ॥		Gangaa Jal Gur Gobindh Naam ||	The Naam, the Name of the Lord of the Universe, is the holy water of the Ganges.	ਗੁਰ-ਗੋਬਿੰਦ ਦਾ ਨਾਮ (ਹੀ ਅਸਲ) ਗੰਗਾ-ਜਲ ਹੈ।

48653	1137	ਜੋ ਸਿਮਰੈ ਤਿਸ ਕੀ ਗਤਿ ਹੋਵੈ ਪੀਵਤ ਬਹੁੜਿ ਨ ਜੋਨਿ ਭ੍ਰਮਾਮ॥੧॥ਰਹਾਉ॥		Jo Simarai This Kee Gath Hovai Peevath Bahurr N Jon Bhramaam ||1|| Rehaao ||	Whoever meditates on it, is saved; drinking it in, the mortal does not wander in reincarnation again. ||1||Pause||	ਜਿਹੜਾ ਮਨੁੱਖ (ਗੋਬਿੰਦ ਦਾ ਨਾਮ) ਸਿਮਰਦਾ ਹੈ, ਉਸ ਦੀ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ, ਜਿਹੜਾ (ਇਸ ਨਾਮ-ਜਲ ਗੰਗਾ-ਜਲ ਨੂੰ) ਪੀਂਦਾ ਹੈ ਉਹ ਮੁੜ ਜੂਨਾਂ ਵਿਚ ਨਹੀਂ ਭਟਕਦਾ ॥੧॥ ਰਹਾਉ ॥
48654	1137	ਪੂਜਾ ਜਾਪ ਤਾਪ ਇਸਨਾਨ॥		Poojaa Jaap Thaap Eisanaan ||	It is my worship, meditation, austerity and cleansing bath.	ਹਰਿ-ਨਾਮ ਹੀ (ਦੇਵ-) ਪੂਜਾ ਹੈ, ਨਾਮ ਹੀ ਜਪ-ਤਪ ਹੈ, ਤਾਪ ਹੀ ਤੀਰਥ-ਇਸ਼ਨਾਨ ਹੈ।
48655	1137	ਸਿਮਰਤ ਨਾਮ ਭਏ ਨਿਹਕਾਮ॥੨॥		Simarath Naam Bheae Nihakaam ||2||	Meditating in remembrance on the Naam, I have become free of desire. ||2||	ਨਾਮ ਸਿਮਰਦਿਆਂ (ਸਿਮਰਨ ਕਰਨ ਵਾਲੇ) ਦੁਨੀਆ ਵਾਲੀਆਂ ਵਾਸਨਾਂ ਤੋਂ ਰਹਿਤ ਹੋ ਜਾਂਦੇ ਹਨ ॥੨॥
48656	1137	ਰਾਜ ਮਾਲ ਸਾਦਨ ਦਰਬਾਰ॥	(ਸਾਦਨ) ਸੁਆਦ, ਕੱਪੜੇ। (ਦਰਬਾਰ) ਕਚਹਿਰੀਆਂ। ਸਾਦਨ: ਪੋਲਾ ਬੋਲੋ	Raaj Maal Saadhan Dharabaar ||	It is my domain and empire, wealth, mansion and court.	ਰਾਜ, ਮਾਲ, ਮਹਲ-ਮਾੜੀਆਂ, ਦਰਬਾਰ ਲਾਉਣੇ (ਜੋ ਸੁਖ ਇਹਨਾਂ ਵਿਚ ਹਨ, ਨਾਮ ਸਿਮਰਨ ਵਾਲਿਆਂ ਨੂੰ ਉਹ ਸੁਖ ਨਾਮ-ਸਿਮਰਨ ਤੋਂ ਪ੍ਰਾਪਤ ਹੁੰਦੇ ਹਨ)।
48657	1137	ਸਿਮਰਤ ਨਾਮ ਪੂਰਨ ਆਚਾਰ॥੩॥		Simarath Naam Pooran Aachaar ||3||	Meditating in remembrance on the Naam brings perfect conduct. ||3||	ਹਰਿ-ਨਾਮ ਸਿਮਰਦਿਆਂ ਮਨੁੱਖ ਦਾ ਆਚਰਨ ਸੁੱਚਾ ਬਣ ਜਾਂਦਾ ਹੈ ॥੩॥

48658	1137	ਨਾਨਕ ਦਾਸ ਇਹੁ ਕੀਆ ਬੀਚਾਰੁ॥		Naanak Dhaas Eihu Keeaa Beechaar ||	Slave Nanak has deliberated, and has come to this conclusion:	ਦਾਸ ਨਾਨਕ ਨੇ ਇਹ ਨਿਸ਼ਚਾ ਕੀਤਾ ਹੈ,
48659	1137	ਬਿਨੁ ਹਰਿ ਨਾਮ ਮਿਥਿਆ ਸਭ ਛਾਰੁ॥੪॥੮॥		Bin Har Naam Mithhiaa Sabh Shhaar ||4||8||	Without the Lord's Name, everything is false and worthless, like ashes. ||4||8||	ਕਿ ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਸਾਰੀ (ਮਾਇਆ) ਨਾਸਵੰਤ ਹੈ ਸੁਆਹ (ਦੇ ਤੁੱਲ) ਹੈ ॥੪॥੮॥
48660	1137	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48661	1137	ਲੇਪੁ ਨ ਲਾਗੋ ਤਿਲ ਕਾ ਮੂਲਿ॥	ਮਹੱਲੇ ਛੇਵੇਂ ਸਾਹਿਬ ਜੀ ਨੂੰ ਤਿਲ ਜਿੰਨੀ ਭੀ ਜ਼ਹਿਰ ਦੀ (ਲੇਪੁ) ਛੋਹ ਅਸਰ, (ਮੂਲਿ) ਉੱਕਾ ਹੀ ਨਹੀਂ, (ਲਾਗੋ) ਲੱਗਿਆ	Laep N Laago Thil Kaa Mool ||	The poison had absolutely no harmful effect.	(ਪਰਮਾਤਮਾ ਦੀ ਮਿਹਰ ਆਪਣੇ ਸੇਵਕ ਉੱਤੇ ਹੋਈ ਹੈ, ਬਾਲਕ (ਗੁਰੂ) ਹਰਿਗੋਬਿੰਦ ਉੱਤੇ ਉਸ ਦੁਸ਼ਟ ਦੀ ਮੰਦੀ ਕਰਤੂਤ ਦਾ) ਬਿਲਕੁਲ ਰਤਾ ਭਰ ਭੀ ਮਾੜਾ ਅਸਰ ਨਹੀਂ ਹੋ ਸਕਿਆ,
48662	1137	ਦੁਸਟੁ ਬ੍ਰਾਹਮਣੁ ਮੂਆ ਹੋਇ ਕੈ ਸੂਲ॥੧॥		Dhusatt Braahaman Mooaa Hoe Kai Sool ||1||	But the wicked Brahmin died in pain. ||1||	(ਪਰ ਗੁਰੂ ਦੇ ਪਰਤਾਪ ਨਾਲ ਉਹ) ਚੰਦਰਾ ਬ੍ਰਾਹਮਣ (ਪੇਟ ਵਿਚ) ਸੂਲ ਉੱਠਣ ਨਾਲ ਮਰ ਗਿਆ ਹੈ ॥੧॥
48663	1137	ਹਰਿ ਜਨ ਰਾਖੇ ਪਾਰਬ੍ਰਹਮਿ ਆਪਿ॥		Har Jan Raakhae Paarabreham Aap ||	The Supreme Lord God Himself has saved His humble servant.	ਪਰਮਾਤਮਾ ਨੇ ਆਪਣੇ ਸੇਵਕਾਂ ਦੀ ਰੱਖਿਆ (ਸਦਾ ਹੀ) ਆਪ ਕੀਤੀ ਹੈ।

48664	1137	ਪਾਪੀ ਮੂਆ ਗੁਰ ਪਰਤਾਪਿ॥੧॥ਰਹਾਉ ॥		Paapee Mooaa Gur Parathaap ||1|| Rehaao ||	The sinner died through the Power of the Guru. ||1||Pause||	(ਵੇਖੋ, ਵਿਸਾਹ-ਘਾਤੀ ਬ੍ਰਾਹਮਣ) ਦੁਸ਼ਟ ਗੁਰੂ ਦੇ ਪਰਤਾਪ ਨਾਲ (ਆਪ ਹੀ) ਮਰ ਗਿਆ ਹੈ ॥੧॥ ਰਹਾਉ ॥
48665	1137	ਅਪਣਾ ਖਸਮੁ ਜਨਿ ਆਪਿ ਧਿਆਇਆ॥		Apanaa Khasam Jan Aap Dhhiaaeiaa ||	The humble servant of the Lord and Master meditates on Him.	(ਪਰਮਾਤਮਾ ਨੇ ਆਪਣੇ ਸੇਵਕ ਦੀ ਆਪ ਰੱਖਿਆ ਕੀਤੀ ਹੈ, ਕਿਉਂਕਿ) ਸੇਵਕ ਨੇ ਆਪਣੇ ਮਾਲਕ-ਪ੍ਰਭੂ ਨੂੰ ਸਦਾ ਆਪਣੇ ਹਿਰਦੇ ਵਿਚ ਵਸਾਇਆ ਹੈ।
48666	1137	ਇਆਣਾ ਪਾਪੀ ਓਹੁ ਆਪਿ ਪਚਾਇਆ॥੨॥		Eiaanaa Paapee Ouhu Aap Pachaaeiaa ||2||	He Himself has destroyed the ignorant sinner. ||2||	ਉਹ ਬੇਸਮਝ ਦੁਸ਼ਟ (ਇਸ ਰੱਬੀ ਭੇਤ ਨੂੰ ਸਮਝ ਨਾਹ ਸਕਿਆ, ਤੇ ਪਰਮਾਤਮਾ ਨੇ) ਆਪ ਹੀ ਉਸ ਨੂੰ ਮਾਰ ਮੁਕਾਇਆ ॥੨॥
48667	1137	ਪ੍ਰਭ ਮਾਤ ਪਿਤਾ ਅਪਣੇ ਦਾਸ ਕਾ ਰਖਵਾਲਾ॥		Prabh Maath Pithaa Apanae Dhaas Kaa Rakhavaalaa ||	God is the Mother, the Father and the Protector of His slave.	ਮਾਂ ਪਿਉ (ਵਾਂਗ) ਪ੍ਰਭੂ ਆਪਣੇ ਸੇਵਕ ਦਾ ਸਦਾ ਆਪ ਰਾਖਾ ਬਣਦਾ ਹੈ,
48668	1137	ਨਿੰਦਕ ਕਾ ਮਾਥਾ ਈਹਾਂ ਊਹਾ ਕਾਲਾ॥੩॥	ਕਾਲਾ: ਪੋਲਾ ਬੋਲੋ	Nindhak Kaa Maathhaa Eehaan Oohaa Kaalaa ||3||	The face of the slanderer, here and hereafter, is blackened. ||3||	(ਤਾਹੀਏਂ ਪ੍ਰਭੂ ਦੇ ਸੇਵਕ ਦੇ) ਦੋਖੀ ਦਾ ਮੂੰਹ ਲੋਕ ਪਰਲੋਕ ਦੁਹੀਂ ਸਰਾਈਂ ਕਾਲਾ ਹੁੰਦਾ ਹੈ ॥੩॥
48669	1137	ਜਨ ਨਾਨਕ ਕੀ ਪਰਮੇਸਰਿ ਸੁਣੀ ਅਰਦਾਸਿ॥		Jan Naanak Kee Paramaesar Sunee Aradhaas ||	The Transcendent Lord has heard the prayer of servant Nanak.	ਹੇ ਨਾਨਕ! (ਆਖ-ਹੇ ਭਾਈ!) ਆਪਣੇ ਸੇਵਕ ਦੀ ਪਰਮੇਸਰ ਨੇ (ਸਦਾ ਹੀ) ਅਰਦਾਸ ਸੁਣੀ ਹੈ,

48670	1137	ਮਲੇਛੁ ਪਾਪੀ ਪਚਿਆ ਭਇਆ ਨਿਰਾਸੁ॥੪॥੯॥		Malaeshh Paapee Pachiaa Bhaeiaa Niraas ||4||9||	The filthy sinner lost hope and died. ||4||9||	(ਵੇਖੋ, ਪਰਮੇਸਰ ਦੇ ਸੇਵਕ ਉੱਤੇ ਵਾਰ ਕਰਨ ਵਾਲਾ) ਦੁਸ਼ਟ ਪਾਪੀ (ਆਪ ਹੀ) ਮਰ ਮਿਟਿਆ, ਤੇ, ਬੇ-ਮੁਰਾਦਾ ਹੀ ਰਿਹਾ ॥੪॥੯॥
48671	1137	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48672	1137	ਖੂਬੁ ਖੂਬੁ ਖੂਬੁ ਖੂਬੁ ਖੂਬੁ ਤੇਰੋ ਨਾਮੁ॥		Khoob Khoob Khoob Khoob Khoob Thaero Naam ||	Excellent, excellent, excellent, excellent, excellent is Your Name.	ਹੇ ਪ੍ਰਭੂ! ਤੇਰਾ ਨਾਮ ਸੋਹਣਾ ਹੈ, ਤੇਰਾ ਨਾਮ ਮਿੱਠਾ ਹੈ, ਤੇਰਾ ਨਾਮ ਚੰਗਾ ਹੈ।
48673	1137	ਝੂਠੁ ਝੂਠੁ ਝੂਠੁ ਝੂਠੁ ਦੁਨੀ ਗੁਮਾਨੁ॥੧॥ਰਹਾਉ॥		Jhooth Jhooth Jhooth Jhooth Dhunee Gumaan ||1|| Rehaao ||	False, false, false, false is pride in the world. ||1||Pause||	(ਪਰ ਹੇ ਭਾਈ!) ਦੁਨੀਆ ਦਾ ਮਾਣ ਝੂਠਾ ਹੈ, ਛੇਤੀ ਮੁੱਕ ਜਾਣ ਵਾਲਾ ਹੈ, ਦੁਨੀਆ ਦੇ ਮਾਣ ਦਾ ਕੀਹ ਭਰੋਸਾ? ॥੧॥ ਰਹਾਉ ॥
48674	1137	ਨਗਜ ਤੇਰੇ ਬੰਦੇ ਦੀਦਾਰੁ ਅਪਾਰੁ॥	(ਨਗਜ) ਉੱਤਮ ਸ਼ੁੱਧ ਰਤਨ ਪ੍ਰਕਾਸ਼ ਬ੍ਰਹਮ ਸਰੂਪ	Nagaj Thaerae Bandhae Dheedhaar Apaar ||	The glorious vision of Your slaves, O Infinite Lord, is wonderful and beauteous.	ਹੇ ਪ੍ਰਭੂ! ਤੇਰੀ ਭਗਤੀ ਕਰਨ ਵਾਲੇ ਬੰਦੇ ਸੋਹਣੇ ਹਨ, ਉਹਨਾਂ ਦਾ ਦਰਸਨ ਬੇਅੰਤ (ਅਮੋਲਕ) ਹੈ।
48675	1138	ਨਾਮ ਬਿਨਾ ਸਭ ਦੁਨੀਆ ਛਾਰੁ॥੧॥		Naam Binaa Sabh Dhuneeaa Shhaar ||1||	Without the Naam, the Name of the Lord, the whole world is just ashes. ||1||	ਹੇ ਪ੍ਰਭੂ! ਤੇਰੇ ਨਾਮ ਤੋਂ ਬਿਨਾ (ਜੀਵ ਵਾਸਤੇ) ਸਾਰੀ ਦੁਨੀਆ (ਦਾ ਧਨ-ਪਦਾਰਥ) ਸੁਆਹ (ਦੇ ਤੁੱਲ) ਹੈ ॥੧॥

48676	1138	ਅਚਰਜੁ ਤੇਰੀ ਕੁਦਰਤਿ ਤੇਰੇ ਕਦਮ ਸਲਾਹ॥	ਅ-ਚਰਜੁ	Acharaj Thaeree Kudharath Thaerae Kadham Salaah ||	Your Creative Power is marvellous, and Your Lotus Feet are admirable.	ਹੇ ਪ੍ਰਭੂ! ਤੇਰੀ ਰਚੀ ਕੁਦਰਤਿ ਇਕ ਹੈਰਾਨ ਕਰਨ ਵਾਲਾ ਤਮਾਸ਼ਾ ਹੈ, ਤੇਰੇ ਚਰਨ ਸਲਾਹੁਣ-ਜੋਗ ਹਨ।
48677	1138	ਗਨੀਵ ਤੇਰੀ ਸਿਫਤਿ ਸਚੇ ਪਾਤਿਸਾਹ॥੨॥		Ganeev Thaeree Sifath Sachae Paathisaah ||2||	Your Praise is priceless, O True King. ||2||	ਹੇ ਸਦਾ ਕਾਇਮ ਰਹਿਣ ਵਾਲੇ ਪਾਤਿਸ਼ਾਹ! ਤੇਰੀ ਸਿਫ਼ਤ-ਸਾਲਾਹ (ਇਕ) ਅਮੋਲਕ (ਖ਼ਜ਼ਾਨਾ) ਹੈ ॥੨॥
48678	1138	ਨੀਧਰਿਆ ਧਰ ਪਨਹ ਖੁਦਾਇ॥	ਨੀ-ਧਰਿਆ	Needhhariaa Dhhar Paneh Khudhaae ||	God is the Support of the unsupported.	ਉਹ ਪਰਮਾਤਮਾ ਨਿਆਸਰਿਆਂ ਦਾ ਆਸਰਾ ਹੈ (ਨਿਓਟਿਆਂ ਦੀ) ਓਟ ਹੈ।
48679	1138	ਗਰੀਬ ਨਿਵਾਜੁ ਦਿਨੁ ਰੈਣਿ ਧਿਆਇ॥੩॥		Gareeb Nivaaj Dhin Rain Dhhiaae ||3||	Meditate day and night on the Cherisher of the meek and humble. ||3||	ਉਹ ਗਰੀਬਾਂ ਉੱਤੇ ਮਿਹਰ ਕਰਨ ਵਾਲਾ ਹੈ। ਦਿਨ ਰਾਤ ਉਸ ਪਰਮਾਤਮਾ ਦਾ ਨਾਮ ਸਿਮਰਿਆ ਕਰ ॥੩॥
48680	1138	ਨਾਨਕ ਕਉ ਖੁਦਿ ਖਸਮ ਮਿਹਰਵਾਨ॥		Naanak Ko Khudh Khasam Miharavaan ||	God has been merciful to Nanak.	ਹੇ ਨਾਨਕ! ਜਿਸ ਮਨੁੱਖ ਉੱਤੇ ਮਾਲਕ-ਪ੍ਰਭੂ ਆਪ ਦਇਆਵਾਨ ਹੁੰਦਾ ਹੈ,
48681	1138	ਅਲਹੁ ਨ ਵਿਸਰੈ ਦਿਲ ਜੀਅ ਪਰਾਨ॥੪॥੧੦॥	ਅੱਲਹੁ	Alahu N Visarai Dhil Jeea Paraan ||4||10||	May I never forget God; He is my heart, my soul, my breath of life. ||4||10||	ਪਰਮਾਤਮਾ ਉਸ ਦੀ ਜਿੰਦ ਤੋਂ, ਉਸ ਦੇ ਦਿਲ ਤੋਂ, ਉਸ ਦੇ ਪ੍ਰਾਣਾਂ ਤੋਂ ਉਹ ਕਦੇ ਭੀ ਨਹੀਂ ਵਿਸਰਦਾ ॥੪॥੧੦॥
48682	1138	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	

48683	1138	ਸਾਚ ਪਦਾਰਥੁ ਗੁਰਮੁਖਿ ਲਹਹੁ॥	ਲਹ-ਹੁ	Saach Padhaarathh Guramukh Lehahu ||	As Gurmukh, obtain the true wealth.	(ਇਹ) ਸਦਾ ਕਾਇਮ ਰਹਿਣ ਵਾਲਾ (ਹਰਿ-ਨਾਮ) ਧਨ ਗੁਰੂ ਦੀ ਸਰਨ ਪੈ ਕੇ ਹਾਸਲ ਕਰੋ।
48684	1138	ਪ੍ਰਭ ਕਾ ਭਾਣਾ ਸਤਿ ਕਰਿ ਸਹਹੁ॥੧॥	ਸਹ-ਹੁ	Prabh Kaa Bhaanaa Sath Kar Sehahu ||1||	Accept the Will of God as True. ||1||	ਪਰਮਾਤਮਾ ਵਲੋਂ ਵਰਤੀ ਰਜ਼ਾ ਨੂੰ (ਆਪਣੇ) ਭਲੇ ਵਾਸਤੇ ਜਾਣ ਕੇ ਸਹਾਰੋ ॥੧॥
48685	1138	ਜੀਵਤ ਜੀਵਤ ਜੀਵਤ ਰਹਹੁ॥	ਰਹ-ਹੁ	Jeevath Jeevath Jeevath Rehahu ||	Live, live, live forever.	(ਨਾਮ ਸਿਮਰਨ ਦੁਆਰਾ) ਸਦਾ ਆਤਮਕ ਜੀਵਨ ਵਾਲੇ ਬਣੇ ਰਹੋ,
48686	1138	ਰਾਮ ਰਸਾਇਣੁ ਨਿਤ ਉਠਿ ਪੀਵਹੁ॥		Raam Rasaaein Nith Outh Peevahu ||	Rise early each day, and drink in the Nectar of the Lord.	ਸਦਾ ਆਹਰ ਨਾਲ ਸਭ ਰਸਾਂ ਤੋਂ ਸ੍ਰੇਸ਼ਟ ਨਾਮ-ਰਸ ਪੀਂਦੇ ਰਹੋ,
48687	1138	ਹਰਿ ਹਰਿ ਹਰਿ ਹਰਿ ਰਸਨਾ ਕਹਹੁ॥੧॥ਰਹਾਉ॥	ਕਹ-ਹੁ	Har Har Har Har Rasanaa Kehahu ||1|| Rehaao ||	With your tongue, chant the Name of the Lord, Har, Har, Har, Har. ||1||Pause||	ਸਦਾ ਹੀ ਪਰਮਾਤਮਾ ਦਾ ਨਾਮ ਆਪਣੀ ਜੀਭ ਨਾਲ ਉਚਾਰਦੇ ਰਹੋ ॥੧॥ ਰਹਾਉ ॥
48688	1138	ਕਲਿਜੁਗ ਮਹਿ ਇਕ ਨਾਮਿ ਉਧਾਰੁ॥		Kalijug Mehi Eik Naam Oudhhaar ||	In this Dark Age of Kali Yuga, the One Name alone shall save you.	ਸਿਰਫ਼ ਹਰਿ-ਨਾਮ ਦੀ ਰਾਹੀਂ ਹੀ ਜਗਤ ਵਿਚ ਸੰਸਾਰ-ਸਮੁੰਦਰ ਤੋਂ ਪਾਰ-ਉਤਾਰਾ ਹੁੰਦਾ ਹੈ,
48689	1138	ਨਾਨਕੁ ਬੋਲੈ ਬ੍ਰਹਮ ਬੀਚਾਰੁ॥੨॥੧੧॥		Naanak Bolai Breham Beechaar ||2||11||	Nanak speaks the wisdom of God. ||2||11||	ਨਾਨਕ (ਤੁਹਾਨੂੰ) ਪਰਮਾਤਮਾ ਨਾਲ ਮਿਲਾਪ ਦੀ (ਇਹੀ) ਜੁਗਤਿ ਦੱਸਦਾ ਹੈ ॥੨॥੧੧॥

48690	1138	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48691	1138	ਸਤਿਗੁਰੁ ਸੇਵਿ ਸਰਬ ਫਲ ਪਾਏ॥		Sathigur Saev Sarab Fal Paaeae ||	Serving the True Guru, all fruits and rewards are obtained.	(ਜਿਸ ਨੂੰ ਗੁਰੂ ਮਿਲ ਪੈਂਦਾ ਹੈ, ਉਹ) ਗੁਰੂ ਦੀ ਸਰਨ ਪੈ ਕੇ ਸਾਰੇ ਫਲ (ਦੇਣ ਵਾਲਾ ਹਰਿ-ਨਾਮ) ਪ੍ਰਾਪਤ ਕਰ ਲੈਂਦਾ ਹੈ,
48692	1138	ਜਨਮ ਜਨਮ ਕੀ ਮੈਲੁ ਮਿਟਾਏ॥੧॥		Janam Janam Kee Mail Mittaaeae ||1||	The filth of so many lifetimes is washed away. ||1||	(ਤੇ, ਇਸ ਤਰ੍ਹਾਂ) ਜਨਮਾਂ ਜਨਮਾਂ ਦੇ ਵਿਕਾਰਾਂ ਦੀ ਮੈਲ ਦੂਰ ਕਰ ਲੈਂਦਾ ਹੈ ॥੧॥
48693	1138	ਪਤਿਤ ਪਾਵਨ ਪ੍ਰਭ ਤੇਰੋ ਨਾਉ॥		Pathith Paavan Prabh Thaero Naao ||	Your Name, God, is the Purifier of sinners.	ਹੇ ਪ੍ਰਭੂ! ਤੇਰਾ ਨਾਮ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ ਹੈ।
48694	1138	ਪੂਰਬਿ ਕਰਮ ਲਿਖੇ ਗੁਣ ਗਾਉ॥੧॥ਰਹਾਉ॥		Poorab Karam Likhae Gun Gaao ||1|| Rehaao ||	Because of the karma of my past deeds, I sing the Glorious Praises of the Lord. ||1||Pause||	ਪਰ ਤੇਰੇ ਗੁਣ ਗਾਵਣ ਦੀ ਦਾਤ ਉਸੇ ਨੂੰ ਮਿਲਦੀ ਹੈ ਜਿਸ ਦੇ ਪੂਰਬਲੇ ਜਨਮ ਵਿਚ ਕੀਤੇ ਕਰਮਾਂ ਅਨੁਸਾਰ (ਗੁਰੂ ਦੀ ਪ੍ਰਾਪਤੀ ਉਸ ਦੇ ਭਾਗਾਂ ਵਿਚ) ਲਿਖੀ ਹੈ ॥੧॥ ਰਹਾਉ ॥
48695	1138	ਸਾਧੂਸੰਗਿ ਹੋਵੈ ਉਧਾਰੁ॥		Saadhhoo Sang Hovai Oudhhaar ||	In the Saadh Sangat, the Company of the Holy, I am saved.	ਗੁਰੂ ਦੀ ਸੰਗਤ ਵਿਚ ਰਿਹਾਂ ਸੰਸਾਰ-ਸਮੁੰਦਰ ਤੋਂ ਪਾਰ-ਉਤਾਰਾ ਹੋ ਜਾਂਦਾ ਹੈ,
48696	1138	ਸੋਭਾ ਪਾਵੈ ਪ੍ਰਭ ਕੈ ਦੁਆਰ॥੨॥		Sobhaa Paavai Prabh Kai Dhuaar ||2||	I am blessed with honor in God's Court. ||2||	(ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਉਹ) ਪਰਮਾਤਮਾ ਦੇ ਦਰ ਤੇ ਸੋਭਾ ਖੱਟਦਾ ਹੈ ॥੨॥

48697	1138	ਸਰਬ ਕਲਿਆਣ ਚਰਣ ਪ੍ਰਭ ਸੇਵਾ॥		Sarab Kaliaan Charan Prabh Saevaa ||	Serving at God's Feet, all comforts are obtained.	ਪ੍ਰਭੂ ਦੇ ਚਰਨਾਂ ਦੀ ਸੇਵਾ-ਭਗਤੀ ਤੋਂ ਸਾਰੇ ਸੁਖ ਪ੍ਰਾਪਤ ਹੁੰਦੇ ਹਨ, (ਜਿਹੜਾ ਮਨੁੱਖ ਪ੍ਰਭੂ ਦੇ ਚਰਨਾਂ ਦੀ ਸਰਨ ਲੈਂਦਾ ਹੈ)
48698	1138	ਧੂਰਿ ਬਾਛਹਿ ਸਭਿ ਸੁਰਿ ਨਰ ਦੇਵਾ॥੩॥		Dhhoor Baashhehi Sabh Sur Nar Dhaevaa ||3||	All the angels and demi-gods long for the dust of the feet of such beings. ||3||	ਉਸ ਦੇ ਚਰਨਾਂ ਦੀ ਧੂੜ ਸਾਰੇ ਦੇਵਤੇ ਸਾਰੇ ਦੈਵੀ ਗੁਣਾਂ ਵਾਲੇ ਮਨੁੱਖ ਲੋੜਦੇ ਹਨ ॥੩॥
48699	1138	ਨਾਨਕ ਪਾਇਆ ਨਾਮ ਨਿਧਾਨੁ॥		Naanak Paaeiaa Naam Nidhhaan ||	Nanak has obtained the treasure of the Naam.	ਹੇ ਨਾਨਕ! (ਗੁਰੂ ਦੀ ਸਰਨ ਵਿਚ ਰਹਿ ਕੇ) ਨਾਮ-ਖ਼ਜ਼ਾਨਾ ਮਿਲ ਜਾਂਦਾ ਹੈ।
48700	1138	ਹਰਿ ਜਪਿ ਜਪਿ ਉਧਰਿਆ ਸਗਲ ਜਹਾਨੁ॥੪॥੧੨॥		Har Jap Jap Oudhhariaa Sagal Jehaan ||4||12||	Chanting and meditating on the Lord, the whole world is saved. ||4||12||	(ਗੁਰੂ ਦੀ ਸੰਗਤ ਵਿਚ) ਹਰਿ-ਨਾਮ ਜਪ ਜਪ ਕੇ ਸਾਰਾ ਜਗਤ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੪॥੧੨॥
48701	1138	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48702	1138	ਅਪਣੇ ਦਾਸ ਕਉ ਕੰਠਿ ਲਗਾਵੈ॥		Apanae Dhaas Ko Kanth Lagaavai ||	God hugs His slave close in His Embrace.	ਪਰਮਾਤਮਾ ਆਪਣੇ ਸੇਵਕ ਨੂੰ (ਸਦਾ ਆਪਣੇ) ਗਲ ਨਾਲ ਲਾਈ ਰੱਖਦਾ ਹੈ,
48703	1138	ਨਿੰਦਕ ਕਉ ਅਗਨਿ ਮਹਿ ਪਾਵੈ॥੧॥		Nindhak Ko Agan Mehi Paavai ||1||	He throws the slanderer into the fire. ||1||	ਅਤੇ (ਆਪਣੇ ਸੇਵਕ ਦੇ) ਦੋਖੀ ਨੂੰ (ਈਰਖਾ ਦੀ ਅੰਦਰੇ-ਅੰਦਰ ਧੁਖ ਰਹੀ) ਅੱਗ ਵਿਚ ਪਾਈ ਰੱਖਦਾ ਹੈ ॥੧॥

48704	1138	ਪਾਪੀ ਤੇ ਰਾਖੇ ਨਾਰਾਇਣ॥		Paapee Thae Raakhae Naaraaein ||	The Lord saves His servants from the sinners.	ਨਿੰਦਕ-ਦੋਖੀ ਪਾਸੋਂ ਪਰਮਾਤਮਾ (ਆਪਣੇ ਸੇਵਕ ਨੂੰ ਸਦਾ ਆਪ) ਬਚਾਂਦਾ ਹੈ।
48705	1138	ਪਾਪੀ ਕੀ ਗਤਿ ਕਤਹੂ ਨਾਹੀ ਪਾਪੀ ਪਚਿਆ ਆਪ ਕਮਾਇਣ॥੧॥ਰਹਾਉ ॥		Paapee Kee Gath Kathehoo Naahee Paapee Pachiaa Aap Kamaaein ||1|| Rehaao ||	No one can save the sinner. The sinner is destroyed by his own actions. ||1||Pause||	ਨਿੰਦਕ-ਦੋਖੀ ਦੀ ਆਤਮਕ ਅਵਸਥਾ ਕਿਤੇ ਭੀ ਉੱਚੀ ਨਹੀਂ ਹੋ ਸਕਦੀ, (ਕਿਉਂਕਿ) ਨਿੰਦਕ-ਦੋਖੀ ਆਪਣੇ ਕਮਾਏ ਕਰਮਾਂ ਅਨੁਸਾਰ (ਸਦਾ ਨਿੰਦਾ-ਈਰਖਾ ਦੀ ਅੱਗ ਵਿਚ ਅੰਦਰੇ ਅੰਦਰ) ਸੜਦਾ ਰਹਿੰਦਾ ਹੈ ॥੧॥ ਰਹਾਉ ॥
48706	1138	ਦਾਸ ਰਾਮ ਜੀਉ ਲਾਗੀ ਪ੍ਰੀਤਿ॥		Dhaas Raam Jeeo Laagee Preeth ||	The Lord's slave is in love with the Dear Lord.	ਪਰਮਾਤਮਾ ਦੇ ਸੇਵਕ ਦੀ ਪਰਮਾਤਮਾ ਨਾਲ ਪ੍ਰੀਤ ਬਣੀ ਰਹਿੰਦੀ ਹੈ,
48707	1138	ਨਿੰਦਕ ਕੀ ਹੋਈ ਬਿਪਰੀਤਿ॥੨॥		Nindhak Kee Hoee Bipareeth ||2||	The slanderer loves something else. ||2||	ਪਰ ਸੇਵਕ ਦੇ ਦੋਖੀ ਦਾ (ਨਿੰਦਾ-ਈਰਖਾ ਆਦਿਕ) ਭੈੜੇ ਕੰਮਾਂ ਨਾਲ ਪਿਆਰ ਬਣਿਆ ਰਹਿੰਦਾ ਹੈ ॥੨॥
48708	1138	ਪਾਰਬ੍ਰਹਮਿ ਅਪਣਾ ਬਿਰਦੁ ਪ੍ਰਗਟਾਇਆ॥		Paarabreham Apanaa Biradh Pragattaaeiaa ||	The Supreme Lord God has revealed His Innate Nature.	(ਸਦਾ ਹੀ) ਪਰਮਾਤਮਾ ਨੇ (ਆਪਣੇ ਸੇਵਕ ਦੀ ਲਾਜ ਰੱਖ ਕੇ) ਆਪਣਾ ਮੁੱਢ-ਕਦੀਮਾਂ ਦਾ (ਇਹ) ਸੁਭਾਉ (ਜਗਤ ਵਿਚ) ਪਰਗਟ ਕੀਤਾ ਹੈ,
48709	1138	ਦੋਖੀ ਅਪਣਾ ਕੀਤਾ ਪਾਇਆ॥੩॥		Dhokhee Apanaa Keethaa Paaeiaa ||3||	The evil-doer obtains the fruits of his own actions. ||3||	(ਸੇਵਕ ਦੇ) ਨਿੰਦਕ-ਦੋਖੀ ਨੇ (ਭੀ ਸਦਾ) ਆਪਣੇ ਕੀਤੇ ਮੰਦੇ ਕਰਮ ਦਾ ਫਲ ਭੁਗਤਿਆ ਹੈ ॥੩॥

48710	1138	ਆਇ ਨ ਜਾਈ ਰਹਿਆ ਸਮਾਈ॥		Aae N Jaaee Rehiaa Samaaee ||	God does not come or go; He is All-pervading and permeating.	ਜਿਹੜਾ ਪਰਮਾਤਮਾ ਨਾਹ ਜੰਮਦਾ ਹੈ ਨਾਹ ਮਰਦਾ ਹੈ ਜਿਹੜਾ ਪਰਮਾਤਮਾ ਸਭ ਥਾਈਂ ਵਿਆਪਕ ਹੈ,
48711	1138	ਨਾਨਕ ਦਾਸ ਹਰਿ ਕੀ ਸਰਣਾਈ॥੪॥੧੩॥		Naanak Dhaas Har Kee Saranaaee ||4||13||	Slave Nanak seeks the Sanctuary of the Lord. ||4||13||	ਹੇ ਨਾਨਕ! ਉਸ ਦੇ ਦਾਸ (ਸਦਾ) ਉਸ ਦੀ ਸਰਨ ਪਏ ਰਹਿੰਦੇ ਹਨ ॥੪॥੧੩॥
48712	1138	ਰਾਗੁ ਭੈਰਉ ਮਹਲਾ ੫ ਚਉਪਦੇ ਘਰੁ ੨		Raag Bhairo Mehalaa 5 Choupadhae Ghar 2	Raag Bhairao, Fifth Mehl, Chaupadas, Second House:	ਰਾਗ ਭੈਰਉ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
48713	1138	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
48714	1138	ਸ੍ਰੀਧਰ ਮੋਹਨ ਸਗਲ ਉਪਾਵਨ ਨਿਰੰਕਾਰ ਸੁਖਦਾਤਾ॥		Sreedhhar Mohan Sagal Oupaavan Nirankaar Sukhadhaathaa ||	The Fascinating Lord, the Creator of all, the Formless Lord, is the Giver of Peace.	ਹੇ ਮਨ! ਜਿਹੜਾ ਸੋਹਣਾ ਪ੍ਰਭੂ ਲੱਛਮੀ ਦਾ ਆਸਰਾ ਹੈ, ਜਿਹੜਾ ਆਕਾਰ-ਰਹਿਤ ਪ੍ਰਭੂ ਸਭਨਾਂ ਨੂੰ ਪੈਦਾ ਕਰਨ ਵਾਲਾ ਹੈ, ਜਿਹੜਾ ਸਾਰੇ ਸੁਖ ਦੇਣ ਵਾਲਾ ਹੈ,

48715	1138	ਐਸਾ ਪ੍ਰਭੁ ਛੋਡਿ ਕਰਹਿ ਅਨ ਸੇਵਾ ਕਵਨ ਬਿਖਿਆ ਰਸ ਮਾਤਾ॥੧॥	ਮੱਾਤਾ	Aisaa Prabh Shhodd Karehi An Saevaa Kavan Bikhiaa Ras Maathaa ||1||	You have abandoned this Lord, and you serve another. Why are you intoxicated with the pleasures of corruption? ||1||	ਉਸ ਨੂੰ ਛੱਡ ਕੇ ਤੂੰ ਹੋਰ ਹੋਰ ਦੀ ਸੇਵਾ-ਪੂਜਾ ਕਰਦਾ ਹੈਂ, ਤੂੰ ਮਾਇਆ ਦੇ ਕੋਝੇ ਸੁਆਦਾਂ ਵਿਚ ਮਸਤ ਹੈਂ ॥੧॥
48716	1138	ਰੇ ਮਨ ਮੇਰੇ ਤੂ ਗੋਵਿਦ ਭਾਜੁ॥		Rae Man Maerae Thoo Govidh Bhaaj ||	O my mind, meditate on the Lord of the Universe.	ਹੇ ਮੇਰੇ ਮਨ! ਤੂੰ (ਸਦਾ) ਪਰਮਾਤਮਾ ਦਾ ਨਾਮ ਜਪਿਆ ਕਰ।
48717	1138	ਅਵਰ ਉਪਾਵ ਸਗਲ ਮੈ ਦੇਖੇ ਜੋ ਚਿਤਵੀਐ ਤਿਤੁ ਬਿਗਰਸਿ ਕਾਜੁ॥੧॥ਰਹਾਉ॥	ਬਿਗ-ਰਸਿ	Avar Oupaav Sagal Mai Dhaekhae Jo Chithaveeai Thith Bigaras Kaaj ||1|| Rehaao ||	I have seen all other sorts of efforts; whatever you can think of, will only bring failure. ||1||Pause||	(ਸਿਮਰਨ ਤੋਂ ਬਿਨਾ) ਹੋਰ ਸਾਰੇ ਹੀਲੇ (ਕਰਦੇ ਲੋਕ) ਮੈਂ ਵੇਖੇ ਹਨ (ਇਹੀ) ਨਤੀਜਾ ਨਿਕਲਦਾ ਵੇਖਿਆ ਹੈ ਕਿ) ਹੋਰ ਜਿਹੜਾ ਭੀ ਹੀਲਾ ਸੋਚਿਆ ਜਾਂਦਾ ਹੈ ਉਸ (ਹੀਲੇ) ਨਾਲ (ਆਤਮਕ ਜੀਵਨ ਦਾ) ਕੰਮ (ਸਗੋਂ) ਵਿਗੜਦਾ (ਹੀ) ਹੈ ॥੧॥ ਰਹਾਉ ॥
48718	1138	ਠਾਕੁਰੁ ਛੋਡਿ ਦਾਸੀ ਕਉ ਸਿਮਰਹਿ ਮਨਮੁਖ ਅੰਧ ਅਗਿਆਨਾ॥		Thaakur Shhodd Dhaasee Ko Simarehi Manamukh Andhh Agiaanaa ||	The blind, ignorant, self-willed manmukhs forsake their Lord and Master, and dwell on His slave Maya.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ, ਮਾਇਆ ਦੇ ਮੋਹ ਵਿਚ ਅੰਨ੍ਹੇ ਹੋ ਚੁਕੇ ਮਨੁੱਖ, ਆਤਮਕ ਜੀਵਨ ਦੀ ਸੂਝ ਤੋਂ ਸੱਖਣੇ ਮਨੁੱਖ ਮਾਲਕ-ਪ੍ਰਭੂ ਨੂੰ ਛੱਡ ਕੇ ਉਸ ਦੀ ਦਾਸੀ (ਮਾਇਆ) ਨੂੰ ਹੀ ਹਰ ਵੇਲੇ ਚੇਤੇ ਰੱਖਦੇ ਹਨ।

48719	1138	ਹਰਿ ਕੀ ਭਗਤਿ ਕਰਹਿ ਤਿਨ ਨਿੰਦਹਿ ਨਿਗੁਰੇ ਪਸੂ ਸਮਾਨਾ ॥੨॥		Har Kee Bhagath Karehi Thin Nindhehi Nigurae Pasoo Samaanaa ||2||	They slander those who worship their Lord; they are like beasts, without a Guru. ||2||	ਅਜਿਹੇ ਨਿਗੁਰੇ ਮਨੁੱਖ, ਪਸ਼ੂਆਂ ਵਰਗੇ ਜੀਵਨ ਵਾਲੇ ਮਨੁੱਖ ਉਹਨਾਂ ਬੰਦਿਆਂ ਨੂੰ ਨਿੰਦਦੇ ਹਨ ਜਿਹੜੇ ਪਰਮਾਤਮਾ ਦੀ ਭਗਤੀ ਕਰਦੇ ਹਨ ॥੨॥
48720	1138	ਜੀਉ ਪਿੰਡੁ ਤਨੁ ਧਨੁ ਸਭੁ ਪ੍ਰਭ ਕਾ ਸਾਕਤ ਕਹਤੇ ਮੇਰਾ॥		Jeeo Pindd Than Dhhan Sabh Prabh Kaa Saakath Kehathae Maeraa ||	Soul, life, body and wealth all belong to God, but the faithless cynics claim that they own them.	ਇਹ ਜਿੰਦ ਇਹ ਸਰੀਰ ਇਹ ਧਨ-ਇਹ ਸਭ ਕੁਝ ਪਰਮਾਤਮਾ ਦਾ ਦਿੱਤਾ ਹੋਇਆ ਹੈ, ਪਰ ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਆਖਦੇ ਰਹਿੰਦੇ ਹਨ ਕਿ ਇਹ ਹਰੇਕ ਚੀਜ਼ ਸਾਡੀ ਹੈ।
48721	1139	ਅਹੰਬੁਧਿ ਦੁਰਮਤਿ ਹੈ ਮੈਲੀ ਬਿਨੁ ਗੁਰ ਭਵਜਲਿ ਫੇਰਾ॥੩॥		Ahanbudhh Dhuramath Hai Mailee Bin Gur Bhavajal Faeraa ||3||	They are proud and arrogant, evil-minded and filthy; without the Guru, they are reincarnated into the terrifying world-ocean. ||3||	ਹਉਮੈ ਵਾਲੀ ਬੁੱਧੀ ਦੇ ਕਾਰਨ ਉਹਨਾਂ ਦੀ ਅਕਲ ਖੋਟੀ ਹੋਈ ਰਹਿੰਦੀ ਹੈ ਮੈਲੀ ਹੋਈ ਰਹਿੰਦੀ ਹੈ, ਗੁਰੂ ਦੀ ਸਰਨ ਤੋਂ ਬਿਨਾ ਸੰਸਾਰ-ਸਮੁੰਦਰ ਵਿਚ ਉਹਨਾਂ ਦਾ ਗੇੜ ਬਣਿਆ ਰਹਿੰਦਾ ਹੈ ॥੩॥
48722	1139	ਹੋਮ ਜਗ ਜਪ ਤਪ ਸਭਿ ਸੰਜਮ ਤਟਿ ਤੀਰਥਿ ਨਹੀ ਪਾਇਆ॥		Hom Jag Jap Thap Sabh Sanjam Thatt Theerathh Nehee Paaeiaa ||	Through burnt offerings, charitable feasts, ritualistic chants, penance, all sorts of austere self-discipline and pilgrimages to sacred shrines and rivers, they do not find God.	ਹੇ ਨਾਨਕ! ਹੋਮ, ਜੱਗ, ਜਪ-ਤਪ ਸਾਧਨਾਂ ਨਾਲ, ਇੰਦ੍ਰਿਆਂ ਨੂੰ ਵੱਸ ਵਿਚ ਕਰਨ ਵਾਲੇ ਸਾਰੇ ਸਾਧਨਾਂ ਨਾਲ, ਕਿਸੇ ਪਵਿੱਤਰ ਨਦੀ ਦੇ ਕੰਢੇ ਉਤੇ ਕਿਸੇ ਤੀਰਥ ਉਤੇ (ਇਸ਼ਨਾਨ ਕੀਤਿਆਂ) ਪਰਮਾਤਮਾ ਦਾ ਮਿਲਾਪ ਨਹੀਂ ਹੋ ਸਕਦਾ।

48723	1139	ਮਿਟਿਆ ਆਪੁ ਪਏ ਸਰਣਾਈ ਗੁਰਮੁਖਿ ਨਾਨਕ ਜਗਤੁ ਤਰਾਇਆ॥੪॥੧॥੧੪॥	ਜੱਗਤੁ	Mittiaa Aap Peae Saranaaee Guramukh Naanak Jagath Tharaaeiaa ||4||1||14||	Self-conceit is only erased when one seeks the Lord's Sanctuary and becomes Gurmukh; O Nanak, he crosses over the world-ocean. ||4||1||14||	ਜਿਹੜੇ ਮਨੁੱਖ ਪਰਮਾਤਮਾ ਦੀ ਸਰਨ ਪੈਂਦੇ ਹਨ ਉਹਨਾਂ ਦੇ ਅੰਦਰੋਂ ਆਪਾ-ਭਾਵ ਮਿਟ ਜਾਂਦਾ ਹੈ। ਹੇ ਨਾਨਕ! (ਪਰਮਾਤਮਾ) ਗੁਰੂ ਦੀ ਸਰਨ ਪਾ ਕੇ ਜਗਤ (ਜਗਤ ਦੇ ਜੀਵਾਂ) ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ॥੪॥੧॥੧੪॥
48724	1139	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48725	1139	ਬਨ ਮਹਿ ਪੇਖਿਓ ਤ੍ਰਿਣ ਮਹਿ ਪੇਖਿਓ ਗ੍ਰਿਹਿ ਪੇਖਿਓ ਉਦਾਸਾਏ॥	ਗ੍ਰਿਹਿ। (ਉਦਾਸਾਏ) ਵਿਰੱਕਤ, ਉਦਾਸੀਨ	Ban Mehi Paekhiou Thrin Mehi Paekhiou Grihi Paekhiou Oudhaasaaeae ||	I have seen Him in the woods, and I have seen Him in the fields. I have seen Him in the household, and in renunciation.	(ਸੰਤ ਜਨਾ ਦੀ ਸੰਗਤਿ ਦੁਆਰਾ ਮੈਂ) ਜੰਗਲ ਵਿਚ, ਬਨਸਪਤੀ ਵਿਚ (ਪ੍ਰਭੂ ਨੂੰ ਹੀ ਵੱਸਦਾ) ਵੇਖ ਲਿਆ, ਘਰ ਵਿਚ ਭੀ ਉਸੇ ਨੂੰ ਵੇਖ ਲਿਆ, ਤੇ, ਤਿਆਗੀ ਵਿਚ ਭੀ ਉਸੇ ਨੂੰ ਵੇਖ ਲਿਆ,
48726	1139	ਦੰਡਧਾਰ ਜਟਧਾਰੈ ਪੇਖਿਓ ਵਰਤ ਨੇਮ ਤੀਰਥਾਏ॥੧॥		Dhanddadhhaar Jattadhhaarai Paekhiou Varath Naem Theerathhaaeae ||1||	I have seen Him as a Yogi carrying His staff, as a Yogi with matted hair, fasting, making vows, and visiting sacred shrines of pilgrimage. ||1||	ਉਸ ਨੂੰ ਦੰਡ-ਧਾਰੀਆਂ ਵਿਚ, ਜਟਾ-ਧਾਰੀਆਂ ਵਿਚ ਵੱਸਦਾ ਵੇਖ ਲਿਆ, ਵਰਤ-ਨੇਮ ਅਤੇ ਤੀਰਥ-ਜਾਤ੍ਰਾ ਕਰਨ ਵਾਲਿਆਂ ਵਿਚ ਭੀ ਵੇਖ ਲਿਆ ॥੧॥

48727	1139	ਸੰਤਸੰਗਿ ਪੇਖਿਓ ਮਨ ਮਾਏ॥		Santhasang Paekhiou Man Maaeaen ||	I have seen Him in the Society of the Saints, and within my own mind.	ਜਦੋਂ ਸੰਤ ਜਨਾਂ ਦੀ ਸੰਗਤ ਵਿਚ ਮੈਂ ਉਸ ਨੂੰ ਆਪਣੇ ਮਨ ਵਿਚ ਹੀ ਵੱਸਦਾ ਵੇਖ ਲਿਆ,
48728	1139	ਊਭ ਪਇਆਲ ਸਰਬ ਮਹਿ ਪੂਰਨ ਰਸਿ ਮੰਗਲ ਗੁਣ ਗਾਏ॥੧॥ਰਹਾਉ॥		Oobh Paeiaal Sarab Mehi Pooran Ras Mangal Gun Gaaeae ||1|| Rehaao ||	In the sky, in the nether regions of the underworld, and in everything, He is pervading and permeating. With love and joy, I sing His Glorious Praises. ||1||Pause||	ਤਾਂ ਪਰਮਾਤਮਾ ਦੇ ਆਨੰਦ ਦੇਣ ਵਾਲੇ ਗੁਣ ਸੁਆਦ ਨਾਲ ਗਾ ਕੇ ਆਕਾਸ਼ ਪਾਤਾਲ ਸਭਨਾਂ ਵਿਚ ਉਹ ਵਿਆਪਕ ਦਿੱਸ ਪਿਆ ॥੧॥ ਰਹਾਉ ॥
48729	1139	ਜੋਗ ਭੇਖ ਸੰਨਿਆਸੈ ਪੇਖਿਓ ਜਤਿ ਜੰਗਮ ਕਾਪੜਾਏ॥		Jog Bhaekh Sanniaasai Paekhiou Jath Jangam Kaaparraaeae ||	I have seen Him among the Yogis, the Sannyaasees, the celibates, the wandering hermits and the wearers of patched coats.	(ਜਦੋਂ ਮੈਂ ਪਰਮਾਤਮਾ ਨੂੰ ਆਪਣੇ ਅੰਦਰ ਵੱਸਦਾ ਵੇਖਿਆ, ਤਦੋਂ ਮੈਂ ਉਸ ਪਰਮਾਤਮਾ ਨੂੰ) ਜੋਗੀਆਂ ਵਿਚ, ਸਾਰੇ ਭੇਖਾਂ ਵਿਚ, ਸੰਨਿਆਸੀਆਂ ਵਿਚ, ਜਤੀਆਂ ਵਿਚ, ਜੰਗਮਾਂ ਵਿਚ, ਕਾਪੜੀਏ ਸਾਧੂਆਂ ਵਿਚ, ਸਭਨਾਂ ਵਿਚ ਵੱਸਦਾ ਵੇਖ ਲਿਆ।

48730	1139	ਤਪੀ ਤਪੀਸੁਰ ਮੁਨਿ ਮਹਿ ਪੇਖਿਓ ਨਟ ਨਾਟਿਕ ਨਿਰਤਾਏ॥੨॥	ਨਟਾਂ ਦੇ (ਨਾਟਿਕ) ਤਮਾਸ਼ੇ। (ਨਿਰਤਾਏ) ਨ੍ਰਿਤਕਾਰੀ	Thapee Thapeesur Mun Mehi Paekhiou Natt Naattik Nirathaaeae ||2||	I have seen Him among the men of severe self-discipline, the silent sages, the actors, dramas and dances. ||2||	ਤਦੋਂ ਮੈਂ ਉਸ ਨੂੰ ਤਪੀਆਂ ਵਿਚ, ਵੱਡੇ ਵੱਡੇ ਤਪੀਆਂ ਵਿਚ, ਮੁਨੀਆਂ ਵਿਚ, ਨਾਟਕ ਕਰਨ ਵਾਲੇ ਨਟਾਂ ਵਿਚ, ਰਾਸਧਾਰੀਆਂ ਵਿਚ (ਸਭਨਾਂ ਵਿਚ ਵੱਸਦਾ) ਵੇਖ ਲਿਆ ॥੨॥
48731	1139	ਚਹੁ ਮਹਿ ਪੇਖਿਓ ਖਟ ਮਹਿ ਪੇਖਿਓ ਦਸ ਅਸਟੀ ਸਿੰਮ੍ਰਿਤਾਏ॥		Chahu Mehi Paekhiou Khatt Mehi Paekhiou Dhas Asattee Sinmrithaaeae ||	I have seen Him in the four Vedas, I have seen Him in the six Shaastras, in the eighteen Puraanas and the Simritees as well.	(ਜਦੋਂ ਸਾਧ ਸੰਗਤ ਦੀ ਕਿਰਪਾ ਨਾਲ ਮੈਂ ਪਰਮਾਤਮਾ ਨੂੰ ਆਪਣੇ ਅੰਦਰ ਵੱਸਦਾ ਵੇਖਿਆ, ਤਦੋਂ ਮੈਂ ਉਸ ਨੂੰ) ਚਾਰ ਵੇਦਾਂ ਵਿਚ, ਛੇ ਸ਼ਾਸਤ੍ਰਾਂ ਵਿਚ, ਅਠਾਰਾਂ ਪੁਰਾਣਾਂ ਵਿਚ, (ਸਾਰੀਆਂ) ਸਿੰਮ੍ਰਿਤੀਆਂ ਵਿਚ ਵੱਸਦਾ ਵੇਖ ਲਿਆ।
48732	1139	ਸਭ ਮਿਲਿ ਏਕੋ ਏਕੁ ਵਖਾਨਹਿ ਤਉ ਕਿਸ ਤੇ ਕਹਉ ਦੁਰਾਏ॥੩॥		Sabh Mil Eaeko Eaek Vakhaanehi Tho Kis Thae Keho Dhuraaeae ||3||	All together, they declare that there is only the One Lord. So tell me, from whom is He hidden? ||3||	(ਜਦੋਂ ਮੈਂ ਇਹ ਵੇਖ ਲਿਆ ਕਿ) ਸਾਰੇ ਜੀਅ-ਜੰਤ ਮਿਲ ਕੇ ਸਿਰਫ਼ ਇਕ ਪਰਮਾਤਮਾ ਦੇ ਹੀ ਗੁਣ ਗਾ ਰਹੇ ਹਨ, ਤਾਂ ਹੁਣ ਮੈਂ ਉਸ ਨੂੰ ਕਿਸ ਪਾਸੋਂ ਦੂਰ ਬੈਠਾ ਆਖ ਸਕਦਾ ਹਾਂ? ॥੩॥
48733	1139	ਅਗਹ ਅਗਹ ਬੇਅੰਤ ਸੁਆਮੀ ਨਹ ਕੀਮ ਕੀਮ ਕੀਮਾਏ॥	ਅ-ਗਹ	Ageh Ageh Baeanth Suaamee Neh Keem Keem Keemaaeae ||	Unfathomable and Inaccessible, He is our Infinite Lord and Master; His Value is beyond valuation.	ਪਰਮਾਤਮਾ ਅਥਾਹ ਹੈ, ਅਥਾਹ ਹੈ, ਬੇਅੰਤ ਹੈ, ਉਸ ਦਾ ਮੁੱਲ ਨਹੀਂ ਪੈ ਸਕਦਾ, ਉਹ ਕਿਸੇ ਦੁਨੀਆਵੀ ਪਦਾਰਥ ਦੇ ਬਦਲੇ ਨਹੀਂ ਮਿਲ ਸਕਦਾ।

48734	1139	ਜਨ ਨਾਨਕ ਤਿਨ ਕੈ ਬਲਿ ਬਲਿ ਜਾਈਐ ਜਿਹ ਘਟਿ ਪਰਗਟੀਆਏ॥੪॥੨॥੧੫॥	ਪਰਗਟੀ-ਆਏ	Jan Naanak Thin Kai Bal Bal Jaaeeai Jih Ghatt Paragatteeaaeae ||4||2||15||	Servant Nanak is a sacrifice, a sacrifice to those, within whose heart He is revealed. ||4||2||15||	ਹੇ ਦਾਸ ਨਾਨਕ! (ਉਹ ਪ੍ਰਭੂ ਵੱਸਦਾ ਤਾਂ ਸਭਨਾਂ ਵਿਚ ਹੀ ਹੈ, ਪਰ) ਜਿਸ ਜਿਸ (ਵਡ-ਭਾਗੀ) ਦੇ ਹਿਰਦੇ ਵਿਚ ਉਹ ਪਰਤੱਖ ਹੋ ਗਿਆ ਹੈ, ਉਹਨਾਂ ਤੋਂ ਸਦਕੇ ਕੁਰਬਾਨ ਜਾਣਾ ਚਾਹੀਦਾ ਹੈ ॥੪॥੨॥੧੫॥
48735	1139	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48736	1139	ਨਿਕਟਿ ਬੁਝੈ ਸੋ ਬੁਰਾ ਕਿਉ ਕਰੈ॥	ਬੁੱਝੈ	Nikatt Bujhai So Buraa Kio Karai ||	How can anyone do evil, if he realizes that the Lord is near?	(ਜਿਹੜਾ ਮਨੁੱਖ ਪਰਮਾਤਮਾ ਨੂੰ ਆਪਣੇ) ਨੇੜੇ (ਵੱਸਦਾ) ਸਮਝਦਾ ਹੈ ਉਹ (ਕਿਸੇ ਨਾਲ ਕੋਈ) ਬੁਰਾਈ ਨਹੀਂ ਕਰ ਸਕਦਾ।
48737	1139	ਬਿਖੁ ਸੰਚੈ ਨਿਤ ਡਰਤਾ ਫਿਰੈ॥		Bikh Sanchai Nith Ddarathaa Firai ||	One who gathers corruption, constantly feels fear.	ਪਰ ਜਿਹੜਾ ਮਨੁੱਖ ਆਤਮਕ ਮੌਤ ਲਿਆਉਣ ਵਾਲੀ ਮਾਇਆ ਨੂੰ ਹਰ ਵੇਲੇ ਜੋੜਦਾ ਰਹਿੰਦਾ ਹੈ, ਉਹ ਮਨੁੱਖ (ਹਰੇਕ ਪਾਸੇਂ) ਸਦਾ ਡਰਦਾ ਫਿਰਦਾ ਹੈ।
48738	1139	ਹੈ ਨਿਕਟੇ ਅਰੁ ਭੇਦੁ ਨ ਪਾਇਆ॥		Hai Nikattae Ar Bhaedh N Paaeiaa ||	He is near, but this mystery is not understood.	ਪਰਮਾਤਮਾ ਹਰੇਕ ਦੇ ਨੇੜੇ ਤਾਂ ਜ਼ਰੂਰ ਵੱਸਦਾ ਹੈ, ਪਰ (ਨਿੱਤ ਮਾਇਆ ਜੋੜਨ ਵਾਲਾ ਮਨੁੱਖ) ਇਹ ਭੇਤ ਸਮਝਦਾ ਨਹੀਂ।

48739	1139	ਬਿਨੁ ਸਤਿਗੁਰ ਸਭ ਮੋਹੀ ਮਾਇਆ॥੧॥		Bin Sathigur Sabh Mohee Maaeiaa ||1||	Without the True Guru, all are enticed by Maya. ||1||	ਗੁਰੂ ਦੀ ਸਰਨ ਪੈਣ ਤੋਂ ਬਿਨਾ ਸਾਰੀ ਲੁਕਾਈ ਮਾਇਆ ਦੇ ਮੋਹ ਵਿਚ ਫਸੀ ਰਹਿੰਦੀ ਹੈ ॥੧॥
48740	1139	ਨੇੜੈ ਨੇੜੈ ਸਭੁ ਕੋ ਕਹੈ॥		Naerrai Naerrai Sabh Ko Kehai ||	Everyone says that He is near, near at hand.	(ਆਖਣ ਨੂੰ ਤਾਂ) ਹਰੇਕ ਪ੍ਰਾਣੀ (ਇਹ) ਆਖ ਦੇਂਦਾ ਹੈ (ਕਿ ਪਰਮਾਤਮਾ ਸਭ ਦੇ) ਨੇੜੇ ਹੈ (ਸਭ ਦੇ) ਨੇੜੇ ਹੈ।
48741	1139	ਗੁਰਮੁਖਿ ਭੇਦੁ ਵਿਰਲਾ ਕੋ ਲਹੈ॥੧॥ਰਹਾਉ॥		Guramukh Bhaedh Viralaa Ko Lehai ||1|| Rehaao ||	But rare is that person, who, as Gurmukh, understands this mystery. ||1||Pause||	ਪਰ ਕੋਈ ਵਿਰਲਾ ਮਨੁੱਖ ਗੁਰੂ ਦੀ ਸਰਨ ਪੈ ਕੇ ਇਸ ਡੂੰਘੀ ਗੱਲ ਨੂੰ ਸਮਝਦਾ ਹੈ ॥੧॥ ਰਹਾਉ ॥
48742	1139	ਨਿਕਟਿ ਨ ਦੇਖੈ ਪਰ ਗ੍ਰਿਹਿ ਜਾਇ॥		Nikatt N Dhaekhai Par Grihi Jaae ||	The mortal does not see the Lord near at hand; instead, he goes to the homes of others.	(ਉਹੀ ਮਨੁੱਖ) ਪਰਾਏ ਘਰ ਵਿਚ (ਚੋਰੀ ਦੀ ਨੀਅਤ ਨਾਲ) ਜਾਂਦਾ ਹੈ, ਜਿਹੜਾ ਪਰਮਾਤਮਾ ਨੂੰ ਆਪਣੇ ਨੇੜੇ-ਵੱਸਦਾ ਨਹੀਂ ਵੇਖਦਾ।
48743	1139	ਦਰਬੁ ਹਿਰੈ ਮਿਥਿਆ ਕਰਿ ਖਾਇ॥		Dharab Hirai Mithhiaa Kar Khaae ||	He steals their wealth and lives in falsehood.	ਉਹ ਮਨੁੱਖ ਪਰਾਇਆ ਧਨ ਚੁਰਾਂਦਾ ਹੈ, ਤੇ, ਧਨ ਨੂੰ ਨਾਸਵੰਤ ਆਖ ਆਖ ਕੇ ਭੀ ਪਰਾਇਆ ਮਾਲ ਖਾਈ ਜਾਂਦਾ ਹੈ।
48744	1139	ਪਈ ਠਗਉਰੀ ਹਰਿ ਸੰਗਿ ਨ ਜਾਨਿਆ॥		Pee Thagouree Har Sang N Jaaniaa ||	Under the influence of the drug of illusion, he does not know that the Lord is with him.	ਮਾਇਆ-ਠਗਬੂਟੀ ਉਸ ਉਤੇ ਆਪਣਾ ਪ੍ਰਭਾਵ ਪਾਈ ਰੱਖਦੀ ਹੈ, (ਇਸ ਵਾਸਤੇ ਉਹ ਪਰਮਾਤਮਾ ਨੂੰ ਆਪਣੇ) ਨਾਲ ਵੱਸਦਾ ਨਹੀਂ ਸਮਝਦਾ।

48745	1139	ਬਾਝੁ ਗੁਰੂ ਹੈ ਭਰਮਿ ਭੁਲਾਨਿਆ॥੨॥		Baajh Guroo Hai Bharam Bhulaaniaa ||2||	Without the Guru, he is confused and deluded by doubt. ||2||	ਗੁਰੂ ਦੀ ਸਰਨ ਪੈਣ ਤੋਂ ਬਿਨਾ ਭਟਕਣਾ ਵਿਚ ਪੈ ਕੇ ਮਨੁੱਖ ਕੁਰਾਹੇ ਪਿਆ ਰਹਿੰਦਾ ਹੈ ॥੨॥
48746	1139	ਨਿਕਟਿ ਨ ਜਾਨੈ ਬੋਲੈ ਕੂੜੁ॥		Nikatt N Jaanai Bolai Koorr ||	Not understanding that the Lord is near, he tells lies.	(ਉਹੀ ਮਨੁੱਖ) ਝੂਠ ਬੋਲਦਾ ਹੈ ਜਿਹੜਾ ਪਰਮਾਤਮਾ ਨੂੰ ਆਪਣੇ ਨਾਲ ਵੱਸਦਾ ਨਹੀਂ ਸਮਝਦਾ,
48747	1139	ਮਾਇਆ ਮੋਹਿ ਮੂਠਾ ਹੈ ਮੂੜੁ ॥		Maaeiaa Mohi Moothaa Hai Moorr ||	In love and attachment to Maya, the fool is plundered.	ਉਹ ਮੂਰਖ ਮਾਇਆ ਦੇ ਮੋਹ ਵਿਚ ਫਸ ਕੇ (ਆਪਣੀ ਆਤਮਕ ਰਾਜ-ਪੂੰਜੀ) ਲੁਟਾਈ ਜਾਂਦਾ ਹੈ।
48748	1139	ਅੰਤਰਿ ਵਸਤੁ ਦਿਸੰਤਰਿ ਜਾਇ॥		Anthar Vasath Dhisanthar Jaae ||	That which he seeks is within his own self, but he looks for it outside.	ਪਰਮਾਤਮਾ ਦਾ ਨਾਮ-ਧਨ ਉਸ ਦੇ ਹਿਰਦੇ ਵਿਚ ਵੱਸਦਾ ਹੈ, ਪਰ ਉਹ (ਨਿਰੀ ਮਾਇਆ ਦੀ ਖ਼ਾਤਰ ਹੀ) ਬਾਹਰ ਭਟਕਦਾ ਫਿਰਦਾ ਹੈ।
48749	1139	ਬਾਝੁ ਗੁਰੂ ਹੈ ਭਰਮਿ ਭੁਲਾਇ॥੩॥		Baajh Guroo Hai Bharam Bhulaae ||3||	Without the Guru, he is confused and deluded by doubt. ||3||	ਗੁਰੂ ਦੀ ਸਰਨ ਤੋਂ ਬਿਨਾ (ਜਗਤ) ਭਟਕਣਾ ਦੇ ਕਾਰਨ ਕੁਰਾਹੇ ਪਿਆ ਰਹਿੰਦਾ ਹੈ ॥੩॥
48750	1139	ਜਿਸੁ ਮਸਤਕਿ ਕਰਮੁ ਲਿਖਿਆ ਲਿਲਾਟ॥	(ਮਸਤਕਿ) ਸ਼ਰੋਮਣੀ। (ਕਰਮੁ) ਭਾਗ। (ਲਿਲਾਟ) ਮੱਥੇ	Jis Masathak Karam Likhiaa Lilaatt ||	One whose good karma is recorded on his forehead	ਹੇ ਦਾਸ ਨਾਨਕ! ਜਿਸ ਮਨੁੱਖ ਦੇ ਮੱਥੇ ਉਤੇ ਲਿਲਾਟ ਉਤੇ (ਪਰਮਾਤਮਾ ਦੀ) ਬਖ਼ਸ਼ਸ਼ (ਦਾ ਲੇਖ) ਲਿਖਿਆ ਉੱਘੜ ਪੈਂਦਾ ਹੈ,

48751	1139	ਸਤਿਗੁਰੁ ਸੇਵੇ ਖੁਲ੍ਹੇ ਕਪਾਟ॥		Sathigur Saevae Khulhae Kapaatt ||	Serves the True Guru; thus the hard and heavy shutters of his mind are opened wide.	ਉਹ ਗੁਰੂ ਦੀ ਸਰਨ ਆ ਪੈਂਦਾ ਹੈ, ਉਸ ਦੇ ਮਨ ਵਿਚ ਕਿਵਾੜ ਖੁਲ੍ਹ ਜਾਂਦੇ ਹਨ।
48752	1139	ਅੰਤਰਿ ਬਾਹਰਿ ਨਿਕਟੇ ਸੋਇ॥		Anthar Baahar Nikattae Soe ||	Within his own being and beyond, he sees the Lord near at hand.	ਉਸ ਨੂੰ ਆਪਣੇ ਅੰਦਰ ਤੇ ਬਾਹਰ ਜਗਤ ਵਿਚ ਇਕ ਪਰਮਾਤਮਾ ਹੀ ਵੱਸਦਾ ਦਿੱਸਦਾ ਹੈ,
48753	1139	ਜਨ ਨਾਨਕ ਆਵੈ ਨ ਜਾਵੈ ਕੋਇ॥੪॥੩॥੧੬॥		Jan Naanak Aavai N Jaavai Koe ||4||3||16||	O servant Nanak, he does not come and go in reincarnation. ||4||3||16||	(ਉਸ ਨੂੰ ਇਉਂ ਜਾਪਦਾ ਹੈ ਕਿ ਪਰਮਾਤਮਾ ਤੋਂ ਬਿਨਾ ਹੋਰ) ਕੋਈ ਨਾਹ ਜੰਮਦਾ ਹੈ ਨਾਹ ਮਰਦਾ ਹੈ ॥੪॥੩॥੧੬॥
48754	1139	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48755	1139	ਜਿਸੁ ਤੂ ਰਾਖਹਿ ਤਿਸੁ ਕਉਨੁ ਮਾਰੈ॥		Jis Thoo Raakhehi This Koun Maarai ||	Who can kill that person whom You protect, O Lord?	ਹੇ ਪ੍ਰਭੂ! ਜਿਸ ਨੂੰ ਤੂੰ ਬਚਾਏਂ, ਉਸ ਨੂੰ ਕੋਈ ਮਾਰ ਨਹੀਂ ਸਕਦਾ,
48756	1139	ਸਭ ਤੁਝ ਹੀ ਅੰਤਰਿ ਸਗਲ ਸੰਸਾਰੈ ॥		Sabh Thujh Hee Anthar Sagal Sansaarai ||	All beings, and the entire universe, is within You.	(ਕਿਉਂਕਿ) ਸਾਰੇ ਸੰਸਾਰ ਵਿਚ ਸਾਰੀ (ਉਤਪੱਤੀ) ਤੇਰੇ ਹੀ ਅਧੀਨ ਹੈ।
48757	1139	ਕੋਟਿ ਉਪਾਵ ਚਿਤਵਤ ਹੈ ਪ੍ਰਾਣੀ॥		Kott Oupaav Chithavath Hai Praanee ||	The mortal thinks up millions of plans,	ਜੀਵ (ਆਪਣੇ ਵਾਸਤੇ) ਕ੍ਰੋੜਾਂ ਹੀਲੇ ਸੋਚਦਾ ਰਹਿੰਦਾ ਹੈ,

48758	1139	ਸੋ ਹੋਵੈ ਜਿ ਕਰੈ ਚੋਜ ਵਿਡਾਣੀ॥੧॥		So Hovai J Karai Choj Viddaanee ||1||	But that alone happens, which the Lord of wondrous plays does. ||1||	ਪਰ ਉਹੀ ਕੁਝ ਹੁੰਦਾ ਹੈ ਜੋ ਅਚਰਜ ਚੋਜ ਕਰਨ ਵਾਲਾ ਪਰਮਾਤਮਾ ਕਰਦਾ ਹੈ ॥੧॥
48759	1139	ਰਾਖਹੁ ਰਾਖਹੁ ਕਿਰਪਾ ਧਾਰਿ॥		Raakhahu Raakhahu Kirapaa Dhhaar ||	Save me, save me, O Lord; shower me with Your Mercy.	ਹੇ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ,
48760	1139	ਤੇਰੀ ਸਰਣਿ ਤੇਰੈ ਦਰਵਾਰਿ॥੧॥ਰਹਾਉ ॥		Thaeree Saran Thaerai Dharavaar ||1|| Rehaao ||	I seek Your Sanctuary, and Your Court. ||1||Pause||	ਮੈਂ ਤੇਰੇ ਦਰ ਤੇ ਆਇਆ ਹਾਂ, ਮਿਹਰ ਕਰ ਕੇ ਮੇਰੀ ਰੱਖਿਆ ਕਰ, ਰੱਖਿਆ ਕਰ ॥੧॥ ਰਹਾਉ ॥
48761	1139	ਜਿਨਿ ਸੇਵਿਆ ਨਿਰਭਉ ਸੁਖਦਾਤਾ॥		Jin Saeviaa Nirabho Sukhadhaathaa ||	Whoever serves the Fearless Lord, the Giver of Peace,	ਜਿਸ ਮਨੁੱਖ ਨੇ ਨਿਰਭਉ ਅਤੇ ਸਾਰੇ ਸੁਖ ਦੇਣ ਵਾਲੇ ਪਰਮਾਤਮਾ ਦੀ ਸਰਨ ਲਈ,
48762	1139	ਤਿਨਿ ਭਉ ਦੂਰਿ ਕੀਆ ਏਕੁ ਪਰਾਤਾ॥		Thin Bho Dhoor Keeaa Eaek Paraathaa ||	Is rid of all his fears; he knows the One Lord.	ਉਸ ਨੇ (ਆਪਣਾ ਹਰੇਕ) ਡਰ ਦੂਰ ਕਰ ਲਿਆ, ਉਸ ਨੇ ਇਕ ਪਰਮਾਤਮਾ ਨਾਲ ਹੀ ਡੂੰਘੀ ਸਾਂਝ ਪਾ ਲਈ।
48763	1139	ਜੋ ਤੂ ਕਰਹਿ ਸੋਈ ਫੁਨਿ ਹੋਇ॥		Jo Thoo Karehi Soee Fun Hoe ||	Whatever You do, that alone comes to pass in the end.	ਹੇ ਪ੍ਰਭੂ! ਜੋ ਕੁਝ ਤੂੰ ਕਰਦਾ ਹੈਂ, ਉਹੀ ਹੁੰਦਾ ਹੈ।
48764	1139	ਮਾਰੈ ਨ ਰਾਖੈ ਦੂਜਾ ਕੋਇ॥੨॥		Maarai N Raakhai Dhoojaa Koe ||2||	There is no other who can kill or protect us. ||2||	(ਤੈਥੋਂ ਬਿਨਾ) ਕੋਈ ਦੂਜਾ ਨਾਹ ਕਿਸੇ ਨੂੰ ਮਾਰ ਸਕਦਾ ਹੈ ਨਾਹ ਬਚਾ ਸਕਦਾ ਹੈ ॥੨॥
48765	1139	ਕਿਆ ਤੂ ਸੋਚਹਿ ਮਾਣਸ ਬਾਣਿ॥	(ਮਾਣਸ) ਮਨੁੱਖ। (ਬਾਣਿ) ਆਦਤ	Kiaa Thoo Sochehi Maanas Baan ||	What do you think, with your human understanding?	(ਆਪਣੇ) ਮਨੁੱਖਾ ਸੁਭਾਉ ਅਨੁਸਾਰ ਤੂੰ ਕੀਹ ਸੋਚਾਂ ਸੋਚਦਾ ਰਹਿੰਦਾ ਹੈਂ?

48766	1139	ਅੰਤਰਜਾਮੀ ਪੁਰਖੁ ਸੁਜਾਣੁ॥		Antharajaamee Purakh Sujaan ||	The All-knowing Lord is the Searcher of Hearts.	ਸਰਬ-ਵਿਆਪਕ ਪਰਮਾਤਮਾ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ ਸਿਆਣਾ ਹੈ।
48767	1139	ਏਕ ਟੇਕ ਏਕੋ ਆਧਾਰੁ॥		Eaek Ttaek Eaeko Aadhhaar ||	The One and only Lord is my Support and Protection.	(ਅਸਾਂ ਜੀਵਾਂ ਦੀ) ਉਹੀ ਟੇਕ ਹੈ ਉਹੀ ਆਸਰਾ ਹੈ।
48768	1139	ਸਭ ਕਿਛੁ ਜਾਣੈ ਸਿਰਜਣਹਾਰੁ॥੩॥		Sabh Kishh Jaanai Sirajanehaar ||3||	The Creator Lord knows everything. ||3||	ਜੀਵਾਂ ਨੂੰ ਪੈਦਾ ਕਰਨ ਵਾਲਾ ਉਹ ਪ੍ਰਭੂ ਸਭ ਕੁਝ ਜਾਣਦਾ ਹੈ ॥੩॥
48769	1139	ਜਿਸੁ ਊਪਰਿ ਨਦਰਿ ਕਰੇ ਕਰਤਾਰੁ॥		Jis Oopar Nadhar Karae Karathaar ||	That person who is blessed by the Creator's Glance of Grace	ਕਰਤਾਰ ਜਿਸ ਮਨੁੱਖ ਉੱਤੇ ਮਿਹਰ ਦੀ ਨਿਗਾਹ ਕਰਦਾ ਹੈ,
48770	1140	ਤਿਸੁ ਜਨ ਕੇ ਸਭਿ ਕਾਜ ਸਵਾਰਿ॥		This Jan Kae Sabh Kaaj Savaar ||	All his affairs are resolved.	ਉਸ ਸੇਵਕ ਦੇ ਉਹ ਸਾਰੇ ਕੰਮ ਸਵਾਰਦਾ ਹੈ।
48771	1140	ਤਿਸ ਕਾ ਰਾਖਾ ਏਕੋ ਸੋਇ॥		This Kaa Raakhaa Eaeko Soe ||	The One Lord is his Protector.	ਉਸ ਮਨੁੱਖ ਦਾ ਰਾਖਾ ਉਹ ਪਰਮਾਤਮਾ ਆਪ ਹੀ ਬਣਿਆ ਰਹਿੰਦਾ ਹੈ।
48772	1140	ਜਨ ਨਾਨਕ ਅਪੜਿ ਨ ਸਾਕੈ ਕੋਇ॥੪॥੪॥੧੭॥		Jan Naanak Aparr N Saakai Koe ||4||4||17||	O servant Nanak, no one can equal him. ||4||4||17||	ਹੇ ਦਾਸ ਨਾਨਕ! (ਜਗਤ ਦਾ ਕੋਈ ਜੀਵ) ਉਸ ਦੀ ਬਰਾਬਰੀ ਨਹੀਂ ਕਰ ਸਕਦਾ ॥੪॥੪॥੧੭॥
48773	1140	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	

48774	1140	ਤਉ ਕੜੀਐ ਜੇ ਹੋਵੈ ਬਾਹਰਿ॥	(ਕੜੀਐ) ਬੱਝੀਐ	Tho Karreeai Jae Hovai Baahar ||	We should feel sad, if God were beyond us.	ਜੇ (ਜੀਵ ਨੂੰ ਇਹ ਖ਼ਿਆਲ ਬਣਿਆ ਰਹੇ ਕਿ ਪਰਮਾਤਮਾ ਮੈਥੋਂ ਵੱਖਰਾ) ਕਿਤੇ ਦੂਰ ਹੈ, ਤਦੋਂ (ਹਰ ਗੱਲੇ) ਚਿੰਤਾ ਕਰੀਦੀ ਹੈ।
48775	1140	ਤਉ ਕੜੀਐ ਜੇ ਵਿਸਰੈ ਨਰਹਰਿ॥		Tho Karreeai Jae Visarai Narehar ||	We should feel sad, if we forget the Lord.	ਤਦੋਂ ਭੀ ਝੁਰਦੇ ਰਹੀਦਾ ਹੈ ਜੇ ਪਰਮਾਤਮਾ (ਸਾਡੇ ਮਨੋਂ) ਭੁੱਲ ਜਾਏ।
48776	1140	ਤਉ ਕੜੀਐ ਜੇ ਦੂਜਾ ਭਾਏ॥		Tho Karreeai Jae Dhoojaa Bhaaeae ||	We should feel sad, if we are in love with duality.	ਜਦੋਂ (ਪਰਮਾਤਮਾ ਤੋਂ ਬਿਨਾ) ਕੋਈ ਹੋਰ ਪਦਾਰਥ (ਪਰਮਾਤਮਾ ਨਾਲੋਂ ਵਧੀਕ) ਪਿਆਰਾ ਲੱਗਣ ਲੱਗ ਪੈਂਦਾ ਹੈ, ਤਦੋਂ (ਭੀ) ਝੁਰਦੇ ਰਹੀਦਾ ਹੈ।
48777	1140	ਕਿਆ ਕੜੀਐ ਜਾਂ ਰਹਿਆ ਸਮਾਏ॥੧॥		Kiaa Karreeai Jaan Rehiaa Samaaeae ||1||	But why should we feel sad? The Lord is pervading everywhere. ||1||	ਪਰ ਜਦੋਂ (ਇਹ ਯਕੀਨ ਬਣਿਆ ਰਹੇ ਕਿ ਪਰਮਾਤਮਾ) ਹਰੇਕ ਥਾਂ ਵਿਆਪਕ ਹੈ, ਤਦੋਂ ਚਿੰਤਾ-ਝੋਰਾ ਮਿਟ ਜਾਂਦਾ ਹੈ ॥੧॥
48778	1140	ਮਾਇਆ ਮੋਹਿ ਕੜੇ ਕੜਿ ਪਚਿਆ॥		Maaeiaa Mohi Karrae Karr Pachiaa ||	In love and attachment to Maya, the mortals are sad, and are consumed by sadness.	ਮਾਇਆ ਦੇ ਮੋਹ ਵਿਚ ਫਸਿਆ ਹੋਇਆ ਮਨੁੱਖ ਖਿੱਝ ਖਿੱਝ ਕੇ ਆਤਮਕ ਮੌਤ ਮਰਦਾ ਰਹਿੰਦਾ ਹੈ।

48779	1140	ਬਿਨੁ ਨਾਵੈ ਭ੍ਰਮਿ ਭ੍ਰਮਿ ਖਪਿਆ॥੧॥ਰਹਾਉ ॥		Bin Naavai Bhram Bhram Bhram Khapiaa ||1|| Rehaao ||	Without the Name, they wander and wander and wander, and waste away. ||1||Pause||	ਪਰਮਾਤਮਾ ਦੇ ਨਾਮ ਤੋਂ ਬਿਨਾ (ਮਾਇਆ ਦੀ ਖ਼ਾਤਰ) ਭਟਕ ਕੇ ਭਟਕ ਕੇ ਭਟਕ ਕੇ ਖ਼ੁਆਰ ਹੁੰਦਾ ਰਹਿੰਦਾ ਹੈ ॥੧॥ ਰਹਾਉ ॥
48780	1140	ਤਉ ਕੜੀਐ ਜੇ ਦੂਜਾ ਕਰਤਾ॥		Tho Karreeai Jae Dhoojaa Karathaa ||	We should feel sad, if there were another Creator Lord.	ਜੇ (ਇਹ ਖ਼ਿਆਲ ਟਿਕਿਆ ਰਹੇ ਕਿ ਪਰਮਾਤਮਾ ਤੋਂ ਬਿਨਾ) ਕੋਈ ਹੋਰ ਕੁਝ ਕਰ ਸਕਣ ਵਾਲਾ ਹੈ, ਤਦੋਂ ਚਿੰਤਾ-ਫ਼ਿਕਰ ਵਿਚ ਫਸੇ ਰਹੀਦਾ ਹੈ।
48781	1140	ਤਉ ਕੜੀਐ ਜੇ ਅਨਿਆਇ ਕੋ ਮਰਤਾ॥		Tho Karreeai Jae Aniaae Ko Marathaa ||	We should feel sad, if someone dies by injustice.	ਤਦੋਂ ਭੀ ਝੂਰੀਦਾ ਹੈ ਜੇ ਇਹ ਖ਼ਿਆਲ ਬਣੇ ਕਿ ਕੋਈ ਪ੍ਰਾਣੀ ਪਰਮਾਤਮਾ ਦੇ ਹੁਕਮ ਤੋਂ ਬਾਹਰਾ ਮਰ ਸਕਦਾ ਹੈ।
48782	1140	ਤਉ ਕੜੀਐ ਜੇ ਕਿਛੁ ਜਾਣੈ ਨਾਹੀ॥		Tho Karreeai Jae Kishh Jaanai Naahee ||	We should feel sad, if something were not known to the Lord.	ਜੇ ਇਹ ਯਕੀਨ ਟਿਕ ਜਾਏ ਕਿ ਪਰਮਾਤਮਾ ਸਾਡੀਆਂ ਲੋੜਾਂ ਜਾਣਦਾ ਨਹੀਂ ਹੈ, ਤਾਂ ਭੀ ਝੂਰਦੇ ਰਹੀਦਾ ਹੈ।
48783	1140	ਕਿਆ ਕੜੀਐ ਜਾਂ ਭਰਪੂਰਿ ਸਮਾਹੀ॥੨॥		Kiaa Karreeai Jaan Bharapoor Samaahee ||2||	But why should we feel sad? The Lord is totally permeating everywhere. ||2||	ਪਰ, ਹੇ ਪ੍ਰਭੂ! ਤੂੰ ਤਾਂ ਹਰ ਥਾਂ ਮੌਜੂਦ ਹੈਂ, ਫਿਰ ਅਸੀਂ ਚਿੰਤਾ-ਫ਼ਿਕਰ ਕਿਉਂ ਕਰੀਏ? ॥੨॥
48784	1140	ਤਉ ਕੜੀਐ ਜੇ ਕਿਛੁ ਹੋਇ ਧਿਙਾਣੈ॥		Tho Karreeai Jae Kishh Hoe Dhin(g)aanai ||	We should feel sad, if God were a tyrant.	ਫਿਰ ਚਿੰਤਾ-ਫ਼ਿਕਰ ਕਿਉਂ ਕੀਤਾ ਜਾਏ? ਕੁਝ ਭੀ ਪਰਮਾਤਮਾ ਦੇ ਹੁਕਮ ਤੋਂ ਬਾਹਰਾ ਨਹੀਂ ਹੁੰਦਾ,

48785	1140	ਤਉ ਕੜੀਐ ਜੇ ਭੂਲਿ ਰੰਞਾਣੈ॥		Tho Karreeai Jae Bhool Rannjaanai ||	We should feel sad, if He made us suffer by mistake.	ਕਿਸੇ ਨੂੰ ਭੀ ਉਹ ਭੁਲੇਖੇ ਨਾਲ ਦੁਖੀ ਨਹੀਂ ਕਰਦਾ, ਫਿਰ ਚਿੰਤਾ-ਫ਼ਿਕਰ ਕਿਉਂ ਕੀਤਾ ਜਾਏ?
48786	1140	ਗੁਰਿ ਕਹਿਆ ਜੋ ਹੋਇ ਸਭੁ ਪ੍ਰਭ ਤੇ॥		Gur Kehiaa Jo Hoe Sabh Prabh Thae ||	The Guru says that whatever happens is all by God's Will.	ਗੁਰੂ ਨੇ ਇਹ ਦੱਸਿਆ ਹੈ ਕਿ ਜੋ ਕੁਝ ਹੁੰਦਾ ਹੈ ਸਭ ਪ੍ਰਭੂ ਦੇ ਹੁਕਮ ਨਾਲ ਹੀ ਹੁੰਦਾ ਹੈ।
48787	1140	ਤਬ ਕਾੜਾ ਛੋਡਿ ਅਚਿੰਤ ਹਮ ਸੋਤੇ॥੩॥		Thab Kaarraa Shhodd Achinth Ham Sothae ||3||	So I have abandoned sadness, and I now sleep without anxiety. ||3||	ਇਸ ਵਾਸਤੇ ਅਸੀਂ ਤਾਂ ਚਿੰਤਾ-ਫ਼ਿਕਰ ਛੱਡ ਕੇ (ਉਸ ਦੀ ਰਜ਼ਾ ਵਿਚ) ਬੇ-ਫ਼ਿਕਰ ਟਿਕੇ ਹੋਏ ਹਾਂ ॥੩॥
48788	1140	ਪ੍ਰਭ ਤੂਹੈ ਠਾਕੁਰੁ ਸਭੁ ਕੋ ਤੇਰਾ॥		Prabh Thoohai Thaakur Sabh Ko Thaeraa ||	O God, You alone are my Lord and Master; all belong to You.	ਹੇ ਪ੍ਰਭੂ! ਤੂੰ ਸਭ ਜੀਵਾਂ ਦਾ ਮਾਲਕ ਹੈਂ, ਹਰੇਕ ਜੀਵ ਤੇਰਾ (ਪੈਦਾ ਕੀਤਾ ਹੋਇਆ) ਹੈ।
48789	1140	ਜਿਉ ਭਾਵੈ ਤਿਉ ਕਰਹਿ ਨਿਬੇਰਾ॥		Jio Bhaavai Thio Karehi Nibaeraa ||	According to Your Will, You pass judgement.	ਜਿਵੇਂ ਤੇਰੀ ਰਜ਼ਾ ਹੁੰਦੀ ਹੈ, ਤੂੰ (ਜੀਵਾਂ ਦੀ ਕਿਸਮਤ ਦਾ) ਫ਼ੈਸਲਾ ਕਰਦਾ ਹੈਂ।
48790	1140	ਦੁਤੀਆ ਨਾਸਤਿ ਇਕੁ ਰਹਿਆ ਸਮਾਇ॥	(ਦੁਤੀਆ) ਦ੍ਵੈਤ। (ਨਾਸਤਿ) ਨਾਸ ਹੋ ਗਈ	Dhutheeaa Naasath Eik Rehiaa Samaae ||	There is no other at all; the One Lord is permeating and pervading everywhere.	ਹੇ ਪ੍ਰਭੂ! ਤੈਥੋਂ ਬਿਨਾ (ਤੇਰੇ ਬਰਾਬਰ ਦਾ) ਹੋਰ ਕੋਈ ਨਹੀਂ ਹੈ, ਤੂੰ ਹੀ ਹਰ ਥਾਂ ਵਿਆਪਕ ਹੈਂ।
48791	1140	ਰਾਖਹੁ ਪੈਜ ਨਾਨਕ ਸਰਣਾਇ॥੪॥੫॥੧੮॥		Raakhahu Paij Naanak Saranaae ||4||5||18||	Please save Nanak's honor; I have come to Your Sanctuary. ||4||5||18||	ਹੇ ਨਾਨਕ! (ਪ੍ਰਭੂ ਦੇ ਦਰ ਤੇ ਹੀ ਅਰਦਾਸ ਕਰਿਆ ਕਰ ਕਿ, ਹੇ ਪ੍ਰਭੂ!) ਮੈਂ ਤੇਰੀ ਸਰਨ ਆਇਆ ਹਾਂ, ਮੇਰੀ ਲਾਜ ਰੱਖ ॥੪॥੫॥੧੮॥

48792	1140	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48793	1140	ਬਿਨੁ ਬਾਜੇ ਕੈਸੋ ਨਿਰਤਕਾਰੀ॥		Bin Baajae Kaiso Nirathikaaree ||	Without music, how is one to dance?	(ਨਾਚ ਦੇ ਨਾਲ) ਸਾਜ਼ਾਂ ਤੋਂ ਬਿਨਾ ਨਾਚ ਫਬਦਾ ਨਹੀਂ।
48794	1140	ਬਿਨੁ ਕੰਠੈ ਕੈਸੇ ਗਾਵਨਹਾਰੀ॥		Bin Kanthai Kaisae Gaavanehaaree ||	Without a voice, how is one to sing?	ਗਲੇ ਤੋਂ ਬਿਨਾ ਕੋਈ ਗਵਈਆ ਗਾ ਨਹੀਂ ਸਕਦਾ।
48795	1140	ਜੀਲ ਬਿਨਾ ਕੈਸੇ ਬਜੈ ਰਬਾਬ॥	ਬੱਜੈ	Jeel Binaa Kaisae Bajai Rabaab ||	Without strings, how is a guitar to be played?	ਤੰਦੀ ਤੋਂ ਬਿਨਾ ਰਬਾਬ ਨਹੀਂ ਵੱਜ ਸਕਦੀ।
48796	1140	ਨਾਮ ਬਿਨਾ ਬਿਰਥੇ ਸਭਿ ਕਾਜ॥੧॥		Naam Binaa Birathhae Sabh Kaaj ||1||	Without the Naam, all affairs are useless. ||1||	(ਇਸੇ ਤਰ੍ਹਾਂ) ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ (ਦੁਨੀਆ ਵਾਲੇ ਹੋਰ) ਸਾਰੇ ਕੰਮ ਵਿਅਰਥ ਚਲੇ ਜਾਂਦੇ ਹਨ ॥੧॥
48797	1140	ਨਾਮ ਬਿਨਾ ਕਹਹੁ ਕੋ ਤਰਿਆ॥	ਕਹ-ਹੁ	Naam Binaa Kehahu Ko Thariaa ||	Without the Naam - tell me: who has ever been saved?	ਦੱਸ, ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਕੌਣ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕਦਾ ਹੈ?
48798	1140	ਬਿਨੁ ਸਤਿਗੁਰ ਕੈਸੇ ਪਾਰਿ ਪਰਿਆ॥੧॥ਰਹਾਉ ॥		Bin Sathigur Kaisae Paar Pariaa ||1|| Rehaao ||	Without the True Guru, how can anyone cross over to the other side? ||1||Pause||	ਗੁਰੂ ਦੀ ਸਰਨ ਪੈਣ ਤੋਂ ਬਿਨਾ ਕਿਵੇਂ ਕੋਈ ਪਾਰ ਲੰਘ ਸਕਦਾ ਹੈ? ॥੧॥ ਰਹਾਉ ॥

48799	1140	ਬਿਨੁ ਜਿਹਵਾ ਕਹਾ ਕੋ ਬਕਤਾ॥		Bin Jihavaa Kehaa Ko Bakathaa ||	Without a tongue, how can anyone speak?	ਜੀਭ ਤੋਂ ਬਿਨਾ ਕੋਈ ਬੋਲਣ-ਜੋਗਾ ਨਹੀਂ ਹੋ ਸਕਦਾ,
48800	1140	ਬਿਨੁ ਸ੍ਰਵਨਾ ਕਹਾ ਕੋ ਸੁਨਤਾ॥		Bin Sravanaa Kehaa Ko Sunathaa ||	Without ears, how can anyone hear?	ਕੰਨਾਂ ਤੋਂ ਬਿਨਾ ਕੋਈ ਸੁਣ ਨਹੀਂ ਸਕਦਾ।
48801	1140	ਬਿਨੁ ਨੇਤ੍ਰਾ ਕਹਾ ਕੋ ਪੇਖੈ॥	ਨੇੱਤ੍ਰਾਂ। ਕਹਾਂ	Bin Naethraa Kehaa Ko Paekhai ||	Without eyes, how can anyone see?	ਅੱਖਾਂ ਤੋਂ ਬਿਨਾ ਕੋਈ ਵੇਖ ਨਹੀਂ ਸਕਦਾ।
48802	1140	ਨਾਮ ਬਿਨਾ ਨਰੁ ਕਹੀ ਨ ਲੇਖੈ॥੨॥		Naam Binaa Nar Kehee N Laekhai ||2||	Without the Naam, the mortal is of no account at all. ||2||	(ਇਸੇ ਤਰ੍ਹਾਂ) ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਮਨੁੱਖ ਕਿਸੇ ਪੁੱਛ-ਗਿਛ ਵਿਚ ਨਹੀਂ ਹੈ ॥੨॥
48803	1140	ਬਿਨੁ ਬਿਦਿਆ ਕਹਾ ਕੋਈ ਪੰਡਿਤ॥	ਬਿੱਦਿਆ	Bin Bidhiaa Kehaa Koee Panddith ||	Without learning, how can one be a Pandit - a religious scholar?	ਵਿੱਦਿਆ ਪ੍ਰਾਪਤ ਕਰਨ ਤੋਂ ਬਿਨਾ ਕੋਈ ਪੰਡਿਤ ਨਹੀਂ ਬਣ ਸਕਦੇ।
48804	1140	ਬਿਨੁ ਅਮਰੈ ਕੈਸੇ ਰਾਜ ਮੰਡਿਤ॥		Bin Amarai Kaisae Raaj Manddith ||	Without power, what is the glory of an empire?	(ਰਾਜਿਆਂ ਦੇ) ਹੁਕਮ ਤੋਂ ਬਿਨਾ ਰਾਜ ਦੀਆਂ ਸਜਾਵਟਾਂ ਕਿਸੇ ਕੰਮ ਨਹੀਂ।
48805	1140	ਬਿਨੁ ਬੂਝੇ ਕਹਾ ਮਨੁ ਠਹਰਾਨਾ॥		Bin Boojhae Kehaa Man Theharaanaa ||	Without understanding, how can the mind become steady?	(ਆਤਮਕ ਜੀਵਨ ਦੀ) ਸੂਝ ਤੋਂ ਬਿਨਾ ਮਨੁੱਖ ਦਾ ਮਨ ਕਿਤੇ ਟਿਕ ਨਹੀਂ ਸਕਦਾ।
48806	1140	ਨਾਮ ਬਿਨਾ ਸਭੁ ਜਗੁ ਬਉਰਾਨਾ॥੩॥		Naam Binaa Sabh Jag Bouraanaa ||3||	Without the Naam, the whole world is insane. ||3||	ਪਰਮਾਤਮਾ ਦੇ ਨਾਮ ਤੋਂ ਬਿਨਾ ਸਾਰਾ ਜਗਤ ਝੱਲਾ ਹੋਇਆ ਫਿਰਦਾ ਹੈ ॥੩॥

48807	1140	ਬਿਨੁ ਬੈਰਾਗ ਕਹਾ ਬੈਰਾਗੀ॥		Bin Bairaag Kehaa Bairaagee ||	Without detachment, how can one be a detached hermit?	ਜੇ ਵੈਰਾਗੀ ਦੇ ਅੰਦਰ ਮਾਇਆ ਵਲੋਂ ਨਿਰਮੋਹਤਾ ਨਹੀਂ, ਤਾਂ ਉਹ ਵੈਰਾਗੀ ਕਾਹਦਾ?
48808	1140	ਬਿਨੁ ਹਉ ਤਿਆਗਿ ਕਹਾ ਕੋਊ ਤਿਆਗੀ॥		Bin Ho Thiaag Kehaa Kooo Thiaagee ||	Without renouncing egotism, how can anyone be a renunciate?	ਹਉਮੈ ਨੂੰ ਤਿਆਗਣ ਤੋਂ ਬਿਨਾ ਕੋਈ ਤਿਆਗੀ ਨਹੀਂ ਅਖਵਾ ਸਕਦਾ।
48809	1140	ਬਿਨੁ ਬਸਿ ਪੰਚ ਕਹਾ ਮਨ ਚੂਰੇ॥	ਬੱਸਿ। ਕਹਾਂ	Bin Bas Panch Kehaa Man Choorae ||	Without overcoming the five thieves, how can the mind be subdued?	ਕਾਮਾਦਿਕ ਪੰਜਾਂ ਨੂੰ ਵੱਸ ਕਰਨ ਤੋਂ ਬਿਨਾ ਮਨ ਮਾਰਿਆ ਨਹੀਂ ਜਾ ਸਕਦਾ।
48810	1140	ਨਾਮ ਬਿਨਾ ਸਦ ਸਦ ਹੀ ਝੂਰੇ॥੪॥		Naam Binaa Sadh Sadh Hee Jhoorae ||4||	Without the Naam, the mortal regrets and repents forever and ever. ||4||	ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਮਨੁੱਖ ਸਦਾ ਹੀ ਸਦਾ ਹੀ ਚਿੰਤਾ-ਫ਼ਿਕਰਾਂ ਵਿਚ ਪਿਆ ਰਹਿੰਦਾ ਹੈ ॥੪॥
48811	1140	ਬਿਨੁ ਗੁਰ ਦੀਖਿਆ ਕੈਸੇ ਗਿਆਨੁ॥		Bin Gur Dheekhiaa Kaisae Giaan ||	Without the Guru's Teachings, how can anyone obtain spiritual wisdom?	ਗੁਰੂ ਦੇ ਉਪਦੇਸ਼ ਤੋਂ ਬਿਨਾ ਆਤਮਕ ਜੀਵਨ ਦੀ ਸੂਝ ਨਹੀਂ ਪੈ ਸਕਦੀ।
48812	1140	ਬਿਨੁ ਪੇਖੇ ਕਹੁ ਕੈਸੋ ਧਿਆਨੁ॥		Bin Paekhae Kahu Kaiso Dhhiaan ||	Without seeing - tell me: how can anyone visualize in meditation?	ਉਹ ਸਮਾਧੀ ਕਾਹਦੀ, ਜੇ ਆਪਣੇ ਇਸ਼ਟ ਦਾ ਦਰਸਨ ਨਹੀਂ ਹੁੰਦਾ?

48813	1140	ਬਿਨੁ ਭੈ ਕਥਨੀ ਸਰਬ ਬਿਕਾਰ॥		Bin Bhai Kathhanee Sarab Bikaar ||	Without the Fear of God, all speech in useless.	ਪਰਮਾਤਮਾ ਦਾ ਡਰ-ਅਦਬ ਹਿਰਦੇ ਵਿਚ ਰੱਖਣ ਤੋਂ ਬਿਨਾ ਮਨੁੱਖ ਦੀ ਸਾਰੀ ਚੁੰਚ-ਗਿਆਨਤਾ ਵਿਕਾਰਾਂ ਦਾ ਮੂਲ ਹੈ।
48814	1140	ਕਹੁ ਨਾਨਕ ਦਰ ਕਾ ਬੀਚਾਰ॥੫॥੬॥੧੯॥		Kahu Naanak Dhar Kaa Beechaar ||5||6||19||	Says Nanak, this is the wisdom of the Lord's Court. ||5||6||19||	ਨਾਨਕ ਆਖਦਾ ਹੈ- ਪਰਮਾਤਮਾ ਦੇ ਦਰ ਤੇ ਪਹੁੰਚਾਣ ਵਾਲੀ ਇਹ ਵਿਚਾਰ ਹੈ ॥੫॥੬॥੧੯॥
48815	1140	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48816	1140	ਹਉਮੈ ਰੋਗੁ ਮਾਨੁਖ ਕਉ ਦੀਨਾ॥		Houmai Rog Maanukh Ko Dheenaa ||	Mankind is afflicted with the disease of egotism.	(ਪਰਮਾਤਮਾ ਨੇ) ਮਨੁੱਖ ਨੂੰ ਹਉਮੈ ਦਾ ਰੋਗ ਦੇ ਰੱਖਿਆ ਹੈ,
48817	1140	ਕਾਮ ਰੋਗਿ ਮੈਗਲੁ ਬਸਿ ਲੀਨਾ॥	ਬੱਸਿ	Kaam Rog Maigal Bas Leenaa ||	The disease of sexual desire overwhelms the elephant.	ਕਾਮ-ਵਾਸਨਾ ਦੇ ਰੋਗ ਨੇ ਹਾਥੀ ਨੂੰ ਆਪਣੇ ਵੱਸ ਵਿਚ ਕੀਤਾ ਹੋਇਆ ਹੈ।
48818	1140	ਦ੍ਰਿਸਟਿ ਰੋਗਿ ਪਚਿ ਮੁਏ ਪਤੰਗਾ॥		Dhrisatt Rog Pach Mueae Pathangaa ||	Because of the disease of vision, the moth is burnt to death.	(ਦੀਵੇ ਦੀ ਲਾਟ ਨੂੰ) ਵੇਖਣ ਦੇ ਰੋਗ ਦੇ ਕਾਰਨ ਪਤੰਗੇ (ਦੀਵੇ ਦੀ ਲਾਟ ਉਤੇ) ਸੜ ਮਰਦੇ ਹਨ।
48819	1140	ਨਾਦ ਰੋਗਿ ਖਪਿ ਗਏ ਕੁਰੰਗਾ॥੧॥		Naadh Rog Khap Geae Kurangaa ||1||	Because of the disease of the sound of the bell, the deer is lured to its death. ||1||	(ਘੰਡੇ ਹੇੜੇ ਦੀ) ਆਵਾਜ਼ (ਸੁਣਨ) ਦੇ ਰੋਗ ਦੇ ਕਾਰਨ ਹਿਰਨ ਖ਼ੁਆਰ ਹੁੰਦੇ ਹਨ ॥੧॥

48820	1140	ਜੋ ਜੋ ਦੀਸੈ ਸੋ ਸੋ ਰੋਗੀ॥		Jo Jo Dheesai So So Rogee ||	Whoever I see is diseased.	ਜਿਹੜਾ ਜਿਹੜਾ ਜੀਵ (ਜਗਤ ਵਿਚ) ਦਿੱਸ ਰਿਹਾ ਹੈ, ਹਰੇਕ ਕਿਸੇ ਨ ਕਿਸੇ ਰੋਗ ਵਿਚ ਫਸਿਆ ਹੋਇਆ ਹੈ।
48821	1140	ਰੋਗ ਰਹਿਤ ਮੇਰਾ ਸਤਿਗੁਰੁ ਜੋਗੀ॥੧॥ਰਹਾਉ॥	ਜੋਗੀ:ਪੋਲਾ ਬੋਲੋ	Rog Rehith Maeraa Sathigur Jogee ||1|| Rehaao ||	Only my True Guru, the True Yogi, is free of disease. ||1||Pause||	(ਅਸਲ) ਜੋਗੀ ਮੇਰਾ ਸਤਿਗੁਰੂ (ਸਭ) ਰੋਗਾਂ ਤੋਂ ਰਹਿਤ ਹੈ ॥੧॥ ਰਹਾਉ ॥
48822	1140	ਜਿਹਵਾ ਰੋਗਿ ਮੀਨੁ ਗ੍ਰਸਿਆਨੋ॥	ਗ੍ਰਸਿ-ਆਨੋ	Jihavaa Rog Meen Grasiaano ||	Because of the disease of taste, the fish is caught.	ਜੀਭ ਦੇ ਰੋਗ ਦੇ ਕਾਰਨ ਮੱਛੀ ਫੜੀ ਜਾਂਦੀ ਹੈ,
48823	1140	ਬਾਸਨ ਰੋਗਿ ਭਵਰੁ ਬਿਨਸਾਨੋ ॥	(ਬਾਸਨ) ਨਾਸਾਂ ਦੀ ਖ਼ੁਸ਼ਬੂ	Baasan Rog Bhavar Binasaano ||	Because of the disease of smell, the bumble bee is destroyed.	ਸੁਗੰਧੀ ਦੇ ਰੋਗ ਦੇ ਕਾਰਨ (ਫੁੱਲ ਦੀ ਸੁਗੰਧੀ ਲੈਣ ਦੇ ਰਸ ਦੇ ਕਾਰਨ) ਭੌਰਾ (ਫੁੱਲ ਵਿਚ ਮੀਟਿਆ ਜਾ ਕੇ) ਨਾਸ ਹੋ ਜਾਂਦਾ ਹੈ।
48824	1140	ਹੇਤ ਰੋਗ ਕਾ ਸਗਲ ਸੰਸਾਰਾ॥		Haeth Rog Kaa Sagal Sansaaraa ||	The whole world is caught in the disease of attachment.	ਸਾਰਾ ਜਗਤ ਮੋਹ ਦੇ ਰੋਗ ਦਾ ਸ਼ਿਕਾਰ ਹੋਇਆ ਪਿਆ ਹੈ,
48825	1140	ਤ੍ਰਿਬਿਧਿ ਰੋਗ ਮਹਿ ਬਧੇ ਬਿਕਾਰਾ॥੨॥	ਤ੍ਰ ਿ ਬਿਧਿ: ਪੋਲਾ ਬੋਲੋ	Thribidhh Rog Mehi Badhhae Bikaaraa ||2||	In the disease of the three qualities, corruption is multiplied. ||2||	ਤ੍ਰਿਗੁਣੀ ਮਾਇਆ ਦੇ ਮੋਹ ਦੇ ਰੋਗ ਵਿਚ ਬੱਝੇ ਹੋਏ ਜੀਵ ਅਨੇਕਾਂ ਵਿਕਾਰ ਕਰਦੇ ਹਨ ॥੨॥

48826	1140	ਰੋਗੇ ਮਰਤਾ ਰੋਗੇ ਜਨਮੈ॥		Rogae Marathaa Rogae Janamai ||	In disease the mortals die, and in disease they are born.	(ਮਨੁੱਖ ਕਿਸੇ ਨ ਕਿਸੇ ਆਤਮਕ) ਰੋਗ ਵਿਚ (ਫਸਿਆ ਹੋਇਆ) ਹੀ ਮਰ ਜਾਂਦਾ ਹੈ, (ਕਿਸੇ ਨ ਕਿਸੇ ਆਤਮਕ) ਰੋਗ ਵਿਚ (ਗ੍ਰਸਿਆ ਹੋਇਆ) ਹੀ ਜੰਮਦਾ ਹੈ,
48827	1140	ਰੋਗੇ ਫਿਰਿ ਫਿਰਿ ਜੋਨੀ ਭਰਮੈ॥		Rogae Fir Fir Jonee Bharamai ||	In disease they wander in reincarnation again and again.	ਉਸ ਰੋਗ ਦੇ ਕਾਰਨ ਹੀ ਮੁੜ ਮੁੜ ਜੂਨਾਂ ਵਿਚ ਭਟਕਦਾ ਰਹਿੰਦਾ ਹੈ।
48828	1141	ਰੋਗ ਬੰਧ ਰਹਨੁ ਰਤੀ ਨ ਪਾਵੈ॥	ਰੱਤੀ	Rog Bandhh Rehan Rathee N Paavai ||	Entangled in disease, they cannot stay still, even for an instant.	ਰੋਗ ਦੇ ਬੰਧਨਾਂ ਦੇ ਕਾਰਨ (ਜੂਨਾਂ ਵਿਚ) ਭਟਕਣ ਤੋਂ ਰਤਾ ਭਰ ਭੀ ਖ਼ਲਾਸੀ ਨਹੀਂ ਪਾ ਸਕਦਾ।
48829	1141	ਬਿਨੁ ਸਤਿਗੁਰ ਰੋਗੁ ਕਤਹਿ ਨ ਜਾਵੈ॥੩॥		Bin Sathigur Rog Kathehi N Jaavai ||3||	Without the True Guru, the disease is never cured. ||3||	ਗੁਰੂ ਦੀ ਸਰਨ ਤੋਂ ਬਿਨਾ (ਇਹ) ਰੋਗ ਕਿਸੇ ਤਰ੍ਹਾਂ ਭੀ ਦੂਰ ਨਹੀਂ ਹੁੰਦਾ ॥੩॥
48830	1141	ਪਾਰਬ੍ਰਹਮਿ ਜਿਸੁ ਕੀਨੀ ਦਇਆ॥		Paarabreham Jis Keenee Dhaeiaa ||	When the Supreme Lord God grants His Mercy,	ਜਿਸ ਮਨੁੱਖ ਉਤੇ ਪਰਮਾਤਮਾ ਨੇ ਮਿਹਰ ਕਰ ਦਿੱਤੀ,
48831	1141	ਬਾਹ ਪਕੜਿ ਰੋਗਹੁ ਕਢਿ ਲਇਆ॥		Baah Pakarr Rogahu Kadt Laeiaa ||	He grabs hold of the mortal's arm, and pulls him up and out of the disease.	ਉਸ ਨੂੰ ਉਸ ਨੇ ਬਾਂਹ ਫੜ ਕੇ ਰੋਗ ਵਿਚੋਂ ਬਚਾ ਲਿਆ।

48832	1141	ਤੂਟੇ ਬੰਧਨ ਸਾਧਸੰਗੁ ਪਾਇਆ॥		Thoottae Bandhhan Saadhhasang Paaeiaa ||	Reaching the Saadh Sangat, the Company of the Holy, the mortal's bonds are broken.	ਜਦੋਂ ਉਸ ਨੇ ਗੁਰੂ ਦੀ ਸੰਗਤ ਪ੍ਰਾਪਤ ਕੀਤੀ, ਉਸ ਦੇ (ਆਤਮਕ ਰੋਗਾਂ ਦੇ ਸਾਰੇ) ਬੰਧਨ ਟੁੱਟ ਗਏ।
48833	1141	ਕਹੁ ਨਾਨਕ ਗੁਰਿ ਰੋਗੁ ਮਿਟਾਇਆ॥੪॥੭॥੨੦॥		Kahu Naanak Gur Rog Mittaaeiaa ||4||7||20||	Says Nanak, the Guru cures him of the disease. ||4||7||20||	ਨਾਨਕ ਆਖਦਾ ਹੈ- (ਜਿਹੜਾ ਭੀ ਮਨੁੱਖ ਗੁਰੂ ਦੀ ਸਰਨ ਪਿਆ) ਗੁਰੂ ਨੇ (ਉਸ ਦਾ) ਰੋਗ ਮਿਟਾ ਦਿੱਤਾ ॥੪॥੭॥੨੦॥
48834	1141	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48835	1141	ਚੀਤਿ ਆਵੈ ਤਾਂ ਮਹਾ ਅਨੰਦ॥		Cheeth Aavai Thaan Mehaa Anandh ||	When He comes to mind, then I am in supreme bliss.	(ਜਦੋਂ ਕਿਸੇ ਮਨੁੱਖ ਦੇ) ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ, ਤਦੋਂ ਉਸ ਦੇ ਅੰਦਰ ਬੜਾ ਆਨੰਦ ਬਣ ਜਾਂਦਾ ਹੈ,
48836	1141	ਚੀਤਿ ਆਵੈ ਤਾਂ ਸਭਿ ਦੁਖ ਭੰਜ॥		Cheeth Aavai Thaan Sabh Dhukh Bhanj ||	When He comes to mind, then all my pains are shattered.	ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ ਤਦੋਂ ਉਸ ਦੇ ਸਾਰੇ ਦੁੱਖਾਂ ਦਾ ਨਾਸ ਹੋ ਜਾਂਦਾ ਹੈ,
48837	1141	ਚੀਤਿ ਆਵੈ ਤਾਂ ਸਰਧਾ ਪੂਰੀ॥		Cheeth Aavai Thaan Saradhhaa Pooree ||	When He comes to mind, my hopes are fulfilled.	ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ ਤਦੋਂ ਉਸ ਦੀ ਹਰੇਕ ਸੱਧਰ ਪੂਰੀ ਹੋ ਜਾਂਦੀ ਹੈ,
48838	1141	ਚੀਤਿ ਆਵੈ ਤਾਂ ਕਬਹਿ ਨ ਝੂਰੀ॥੧॥		Cheeth Aavai Thaan Kabehi N Jhooree ||1||	When He comes to mind, I never feel sadness. ||1||	ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ ਤਦੋਂ ਉਹ ਕਦੇ ਭੀ ਕੋਈ ਚਿੰਤਾ-ਫ਼ਿਕਰ ਨਹੀਂ ਕਰਦਾ ॥੧॥

48839	1141	ਅੰਤਰਿ ਰਾਮਰਾਇ ਪ੍ਰਗਟੇ ਆਇ॥		Anthar Raam Raae Pragattae Aae ||	Deep within my being, my Sovereign Lord King has revealed Himself to me.	ਪੂਰੇ ਗੁਰੂ ਦੀ ਰਾਹੀਂ ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ-ਪਾਤਿਸ਼ਾਹ ਪਰਗਟ ਹੋ ਜਾਂਦਾ ਹੈ,
48840	1141	ਗੁਰਿ ਪੂਰੈ ਦੀਓ ਰੰਗੁ ਲਾਇ॥੧॥ਰਹਾਉ॥		Gur Poorai Dheeou Rang Laae ||1|| Rehaao ||	The Perfect Guru has inspired me to love Him. ||1||Pause||	ਉਸ ਦੇ ਅੰਦਰ ਰੰਗ ਲਾ ਦੇਂਦਾ ਹੈ (ਆਤਮਕ ਆਨੰਦ ਬਣਾ ਦੇਂਦਾ ਹੈ) ॥੧॥ ਰਹਾਉ ॥
48841	1141	ਚੀਤਿ ਆਵੈ ਤਾਂ ਸਰਬ ਕੋ ਰਾਜਾ॥		Cheeth Aavai Thaan Sarab Ko Raajaa ||	When He comes to mind, I am the king of all.	(ਜਦੋਂ ਕਿਸੇ ਮਨੁੱਖ ਦੇ) ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ, ਤਦੋਂ ਉਹ (ਮਾਨੋ) ਸਭ ਦਾ ਰਾਜਾ ਬਣ ਜਾਂਦਾ ਹੈ,
48842	1141	ਚੀਤਿ ਆਵੈ ਤਾਂ ਪੂਰੇ ਕਾਜਾ॥	ਕੱਾਜਾ	Cheeth Aavai Thaan Poorae Kaajaa ||	When He comes to mind, all my affairs are completed.	ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ ਤਦੋਂ ਉਸ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ,
48843	1141	ਚੀਤਿ ਆਵੈ ਤਾਂ ਰੰਗਿ ਗੁਲਾਲ॥		Cheeth Aavai Thaan Rang Gulaal ||	When He comes to mind, I am dyed in the deep crimson of His Love.	ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ ਤਦੋਂ ਉਹ ਗੂੜ੍ਹੇ ਆਤਮਕ ਆਨੰਦ ਵਿਚ ਮਸਤ ਰਹਿੰਦਾ ਹੈ,
48844	1141	ਚੀਤਿ ਆਵੈ ਤਾਂ ਸਦਾ ਨਿਹਾਲ॥੨॥		Cheeth Aavai Thaan Sadhaa Nihaal ||2||	When He comes to mind, I am ecstatic forever. ||2||	ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ ਤਦੋਂ ਉਹ ਸਦਾ ਹੀ ਖਿੜੇ-ਮੱਥੇ ਰਹਿੰਦਾ ਹੈ ॥੨॥

48845	1141	ਚੀਤਿ ਆਵੈ ਤਾਂ ਸਦ ਧਨਵੰਤਾ॥		Cheeth Aavai Thaan Sadh Dhhanavanthaa ||	When He comes to mind, I am wealthy forever.	(ਜਦੋਂ ਪਰਮਾਤਮਾ ਕਿਸੇ ਮਨੁੱਖ ਦੇ) ਹਿਰਦੇ ਵਿਚ ਆ ਵੱਸਦਾ ਹੈ, ਤਦੋਂ ਉਹ ਸਦਾ ਲਈ ਨਾਮ-ਧਨ ਦਾ ਸ਼ਾਹ ਬਣ ਜਾਂਦਾ ਹੈ,
48846	1141	ਚੀਤਿ ਆਵੈ ਤਾਂ ਸਦ ਨਿਭਰੰਤਾ॥	(ਨਿ-ਭਰੰਤਾ) ਸੰਸੇ ਭ੍ਰਾਂਤ ਰਹਿਤ, ਅਚੱਲ	Cheeth Aavai Thaan Sadh Nibharanthaa ||	When He comes to mind, I am free of doubt forever.	ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ ਤਦੋਂ ਉਹ ਸਦਾ ਲਈ ਮਾਇਆ ਦੀ ਖ਼ਾਤਰ ਭਟਕਣਾ ਤੋਂ ਬਚ ਜਾਂਦਾ ਹੈ,
48847	1141	ਚੀਤਿ ਆਵੈ ਤਾਂ ਸਭਿ ਰੰਗ ਮਾਣੇ॥		Cheeth Aavai Thaan Sabh Rang Maanae ||	When He comes to mind, then I enjoy all pleasures.	ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ ਤਦੋਂ ਉਹ ਸਾਰੇ (ਆਤਮਕ) ਆਨੰਦ ਮਾਣਦਾ ਹੈ,
48848	1141	ਚੀਤਿ ਆਵੈ ਤਾਂ ਚੂਕੀ ਕਾਣੇ॥੩॥		Cheeth Aavai Thaan Chookee Kaanae ||3||	When He comes to mind, I am rid of fear. ||3||	ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ ਤਦੋਂ ਉਸ ਨੂੰ ਕਿਸੇ ਦੀ ਮੁਥਾਜੀ ਨਹੀਂ ਰਹਿ ਜਾਂਦੀ ॥੩॥
48849	1141	ਚੀਤਿ ਆਵੈ ਤਾਂ ਸਹਜ ਘਰੁ ਪਾਇਆ॥		Cheeth Aavai Thaan Sehaj Ghar Paaeiaa ||	When He comes to mind, I find the home of peace and poise.	(ਜਦੋਂ ਪਰਮਾਤਮਾ ਕਿਸੇ ਮਨੁੱਖ ਦੇ) ਹਿਰਦੇ ਵਿਚ ਆ ਪਰਗਟਦਾ ਹੈ, ਤਦੋਂ ਉਹ ਮਨੁੱਖ ਆਤਮਕ ਅਡੋਲਤਾ ਦਾ ਟਿਕਾਣਾ ਲੱਭ ਲੈਂਦਾ ਹੈ,
48850	1141	ਚੀਤਿ ਆਵੈ ਤਾਂ ਸੁੰਨਿ ਸਮਾਇਆ॥		Cheeth Aavai Thaan Sunn Samaaeiaa ||	When He comes to mind, I am absorbed in the Primal Void of God.	ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ ਤਦੋਂ ਉਹ ਉਸ ਆਤਮਕ ਅਵਸਥਾ ਵਿਚ ਲੀਨ ਰਹਿੰਦਾ ਹੈ ਜਿਥੇ ਮਾਇਆ ਵਾਲੇ ਫੁਰਨੇ ਨਹੀਂ ਉੱਠਦੇ,

48851	1141	ਚੀਤਿ ਆਵੈ ਸਦ ਕੀਰਤਨੁ ਕਰਤਾ॥		Cheeth Aavai Sadh Keerathan Karathaa ||	When He comes to mind, I continually sing the Kirtan of His Praises.	ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ ਤਦੋਂ ਉਹ ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ,
48852	1141	ਮਨੁ ਮਾਨਿਆ ਨਾਨਕ ਭਗਵੰਤਾ॥੪॥੮॥੨੧॥		Man Maaniaa Naanak Bhagavanthaa ||4||8||21||	Nanak's mind is pleased and satisfied with the Lord God. ||4||8||21||	ਹੇ ਨਾਨਕ! ਤਦੋਂ ਉਸ ਦਾ ਮਨ ਪਰਮਾਤਮਾ ਨਾਲ ਗਿੱਝ ਜਾਂਦਾ ਹੈ ॥੪॥੮॥੨੧॥
48853	1141	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48854	1141	ਬਾਪੁ ਹਮਾਰਾ ਸਦ ਚਰੰਜੀਵੀ॥		Baap Hamaaraa Sadh Charanjeevee ||	My Father is Eternal, forever alive.	(ਜਦੋਂ ਪੂਰੇ ਗੁਰੂ ਨੇ ਮੈਨੂੰ ਪ੍ਰਭੂ-ਪਿਤਾ ਨਾਲ ਮਿਲਾ ਦਿਤਾ, ਤਦੋਂ ਮੈਨੂੰ ਨਿਸ਼ਚਾ ਬਣ ਗਿਆ ਕਿ) ਅਸਾਂ ਜੀਵਾਂ ਦਾ ਪ੍ਰਭੂ-ਪਿਤਾ ਸਦਾ ਕਾਇਮ ਰਹਿਣ ਵਾਲਾ ਹੈ,
48855	1141	ਭਾਈ ਹਮਾਰੇ ਸਦ ਹੀ ਜੀਵੀ॥		Bhaaee Hamaarae Sadh Hee Jeevee ||	My brothers live forever as well.	ਮੇਰੇ ਨਾਲ ਆਤਮਕ ਜੀਵਨ ਦੀ ਸਾਂਝ ਰੱਖਣ ਵਾਲੇ ਭੀ ਸਦਾ ਹੀ ਆਤਮਕ ਜੀਵਨ ਵਾਲੇ ਬਣ ਗਏ,
48856	1141	ਮੀਤ ਹਮਾਰੇ ਸਦਾ ਅਬਿਨਾਸੀ॥		Meeth Hamaarae Sadhaa Abinaasee ||	My friends are permanent and imperishable.	ਮੇਰੇ ਨਾਲ ਹਰਿ-ਨਾਮ-ਸਿਮਰਨ ਦੀ ਪ੍ਰੇਮ ਰੱਖਣ ਵਾਲੇ ਸਦਾ ਲਈ ਅਟੱਲ ਜੀਵਨ ਵਾਲੇ ਹੋ ਗਏ,

48857	1141	ਕੁਟੰਬੁ ਹਮਾਰਾ ਨਿਜ ਘਰਿ ਵਾਸੀ॥੧॥		Kuttanb Hamaaraa Nij Ghar Vaasee ||1||	My family abides in the home of the self within. ||1||	(ਸਾਰੀਆਂ ਇੰਦ੍ਰੀਆਂ ਦਾ) ਮੇਰਾ ਪਰਵਾਰ ਪ੍ਰਭੂ-ਚਰਨਾਂ ਵਿਚ ਟਿਕੇ ਰਹਿਣ ਵਾਲਾ ਬਣ ਗਿਆ ॥੧॥
48858	1141	ਹਮ ਸੁਖੁ ਪਾਇਆ ਤਾਂ ਸਭਹਿ ਸੁਹੇਲੇ॥		Ham Sukh Paaeiaa Thaan Sabhehi Suhaelae ||	I have found peace, and so all are at peace.	ਮੈਨੂੰ ਆਤਮਕ ਆਨੰਦ ਪ੍ਰਾਪਤ ਹੋ ਗਿਆ, ਤਦੋਂ (ਮੇਰੇ ਨਾਲ ਸੰਬੰਧ ਰੱਖਣ ਵਾਲੇ ਮੀਤ ਭਾਈ ਸਾਰੇ ਇੰਦ੍ਰੇ-ਇਹ) ਸਾਰੇ ਹੀ (ਆਤਮਕ ਆਨੰਦ ਦੀ ਬਰਕਤਿ ਨਾਲ) ਸੁਖੀ ਹੋ ਗਏ,
48859	1141	ਗੁਰਿ ਪੂਰੈ ਪਿਤਾ ਸੰਗਿ ਮੇਲੇ॥੧॥ਰਹਾਉ॥		Gur Poorai Pithaa Sang Maelae ||1|| Rehaao ||	The Perfect Guru has united me with my Father. ||1||Pause||	ਜਦੋਂ ਪੂਰੇ ਗੁਰੂ ਨੇ ਮੈਨੂੰ ਪ੍ਰਭੂ-ਪਿਤਾ ਦੇ ਨਾਲ ਮਿਲਾ ਦਿੱਤਾ ॥੧॥ ਰਹਾਉ ॥
48860	1141	ਮੰਦਰ ਮੇਰੇ ਸਭ ਤੇਂ ਊਚੇ॥		Mandhar Maerae Sabh Thae Oochae ||	My mansions are the highest of all.	(ਜਦੋਂ ਪੂਰੇ ਗੁਰੂ ਨੇ ਮੈਨੂੰ ਪ੍ਰਭੂ-ਪਿਤਾ ਦੇ ਨਾਲ ਮਿਲਾ ਦਿੱਤਾ, ਤਦੋਂ ਮੇਰੀ ਜਿੰਦ ਦੇ ਟਿਕੇ ਰਹਿਣ ਵਾਲੇ) ਟਿਕਾਣੇ ਸਾਰੀਆਂ (ਮਾਇਕ ਪ੍ਰੇਰਨਾ) ਤੋਂ ਉੱਚੇ ਹੋ ਗਏ,
48861	1141	ਦੇਸ ਮੇਰੇ ਬੇਅੰਤ ਅਪੂਛੇ॥		Dhaes Maerae Baeanth Apooshhae ||	My countries are infinite and uncountable.	ਮੇਰੀ ਜਿੰਦ ਦੇ ਆਤਮਕ ਅਸਥਾਨ ਇਤਨੇ ਉੱਚੇ ਹੋ ਗਏ ਕਿ ਜਮ-ਰਾਜ ਉੱਥੇ ਕੁਝ ਪੁੱਛਣ-ਜੋਗਾ ਹੀ ਨਾਹ ਰਿਹਾ।
48862	1141	ਰਾਜੁ ਹਮਾਰਾ ਸਦ ਹੀ ਨਿਹਚਲੁ॥		Raaj Hamaaraa Sadh Hee Nihachal ||	My kingdom is eternally stable.	ਤਦੋਂ ਮੇਰੀ ਆਪਣੇ ਇੰਦ੍ਰਿਆਂ ਉੱਤੇ ਹਕੂਮਤ ਸਦਾ ਲਈ ਅਟੱਲ ਹੋ ਗਈ,

48863	1141	ਮਾਲੁ ਹਮਾਰਾ ਅਖੂਟੁ ਅਬੇਚਲੁ॥੨॥	(ਅਬੇਚਲ) ਅਚੱਲ	Maal Hamaaraa Akhoott Abaechal ||2||	My wealth is inexhaustible and permanent. ||2||	ਤਦੋਂ ਮੇਰੇ ਪਾਸ ਇਤਨਾ ਨਾਮ ਖ਼ਜ਼ਾਨਾ ਇਕੱਠਾ ਹੋ ਗਿਆ, ਜੋ ਮੁੱਕ ਹੀ ਨਾਹ ਸਕੇ, ਜੋ ਸਦਾ ਲਈ ਕਾਇਮ ਰਹੇ ॥੨॥
48864	1141	ਸੋਭਾ ਮੇਰੀ ਸਭ ਜੁਗ ਅੰਤਰਿ॥		Sobhaa Maeree Sabh Jug Anthar ||	My glorious reputation resounds throughout the ages.	(ਜਦੋਂ ਪੂਰੇ ਗੁਰੂ ਨੇ ਮੈਨੂੰ ਪ੍ਰਭੂ-ਪਿਤਾ ਨਾਲ ਮਿਲਾ ਦਿੱਤਾ, ਮੈਨੂੰ ਸਮਝ ਆ ਗਈ ਕਿ ਇਹ ਜੋ ਪ੍ਰਭੂ ਦੀ ਸੋਭਾ) ਸਾਰੇ ਜੁਗਾਂ ਵਿਚ ਹੋ ਰਹੀ ਹੈ।
48865	1141	ਬਾਜ ਹਮਾਰੀ ਥਾਨ ਥਨੰਤਰਿ॥		Baaj Hamaaree Thhaan Thhananthar ||	My fame has spread in all places and interspaces.	ਮੇਰੇ ਵਾਸਤੇ ਭੀ ਇਹੀ ਸੋਭਾ ਹੈ (ਇਹ ਜੋ) ਹਰੇਕ ਥਾਂ ਵਿਚ (ਪ੍ਰਭੂ ਦੀ) ਵਡਿਆਈ ਹੋ ਰਹੀ ਹੈ ਮੇਰੇ ਲਈ ਭੀ ਇਹੀ ਵਡਿਆਈ ਹੈ,
48866	1141	ਕੀਰਤਿ ਹਮਰੀ ਘਰਿ ਘਰਿ ਹੋਈ॥		Keerath Hamaree Ghar Ghar Hoee ||	My praises echo in each and every house.	(ਇਹ ਜੋ) ਹਰੇਕ ਘਰ ਵਿਚ (ਪ੍ਰਭੂ ਦੀ) ਸਿਫ਼ਤ-ਸਾਲਾਹ ਹੋ ਰਹੀ ਹੈ, ਮੇਰੇ ਲਈ ਭੀ ਇਹੀ ਹੈ,
48867	1141	ਭਗਤਿ ਹਮਾਰੀ ਸਭਨੀ ਲੋਈ॥੩॥		Bhagath Hamaaree Sabhanee Loee ||3||	My devotional worship is known to all people. ||3||	(ਇਹ ਜੋ) ਸਭਨਾਂ ਲੋਕਾਂ ਵਿਚ (ਪ੍ਰਭੂ ਦੀ) ਭਗਤੀ ਹੋ ਰਹੀ ਹੈ ਮੇਰੇ ਲਈ ਭੀ ਇਹੀ ਹੈ (ਪ੍ਰਭੂ-ਚਰਨਾਂ ਵਿਚ ਮਿਲਾਪ ਦੀ ਬਰਕਤਿ ਨਾਲ ਮੈਨੂੰ ਕਿਸੇ ਸੋਭਾ ਮਸ਼ਹੂਰੀ ਕੀਰਤੀ ਮਾਣ-ਆਦਰ ਦੀ ਵਾਸਨਾ ਨਹੀਂ ਰਹੀ) ॥੩॥

48868	1141	ਪਿਤਾ ਹਮਾਰੇ ਪ੍ਰਗਟੇ ਮਾਝ॥		Pithaa Hamaarae Pragattae Maajh ||	My Father has revealed Himself within me.	(ਜਦੋਂ ਪੂਰੇ ਗੁਰੂ ਨੇ ਮੈਨੂੰ ਪ੍ਰਭੂ-ਪਿਤਾ ਨਾਲ ਮਿਲਾ ਦਿੱਤਾ) ਪ੍ਰਭੂ-ਪਿਤਾ ਜੀ ਮੇਰੇ ਹਿਰਦੇ ਵਿਚ ਪਰਗਟ ਹੋ ਪਏ,
48869	1141	ਪਿਤਾ ਪੂਤ ਰਲਿ ਕੀਨੀ ਸਾਂਝ॥		Pithaa Pooth Ral Keenee Saanjh ||	The Father and son have joined together in partnership.	ਪ੍ਰਭੂ-ਪਿਤਾ ਨੇ ਮੇਰੇ ਨਾਲ ਇਉਂ ਪਿਆਰ ਪਾ ਲਿਆ ਜਿਵੇਂ ਪਿਉ ਆਪਣੇ ਪੁੱਤਰ ਨਾਲ ਪਿਆਰ ਬਣਾਂਦਾ ਹੈ।
48870	1141	ਕਹੁ ਨਾਨਕ ਜਉ ਪਿਤਾ ਪਤੀਨੇ॥		Kahu Naanak Jo Pithaa Patheenae ||	Says Nanak, when my Father is pleased,	ਨਾਨਕ ਆਖਦਾ ਹੈ- ਜਦੋਂ ਪਿਤਾ-ਪ੍ਰਭੂ (ਆਪਣੇ ਕਿਸੇ ਪੁੱਤਰ ਉੱਤੇ) ਦਇਆਵਾਨ ਹੁੰਦਾ ਹੈ,
48871	1141	ਪਿਤਾ ਪੂਤ ਏਕੈ ਰੰਗਿ ਲੀਨੇ॥੪॥੯॥੨੨॥		Pithaa Pooth Eaekai Rang Leenae ||4||9||22||	Then the Father and son are joined together in love, and become one. ||4||9||22||	ਤਦੋਂ ਪ੍ਰਭੂ-ਪਿਤਾ ਤੇ ਜੀਵ-ਪੁੱਤਰ ਇੱਕੋ ਪਿਆਰ ਵਿਚ ਇਕ-ਮਿਕ ਹੋ ਜਾਂਦੇ ਹਨ ॥੪॥੯॥੨੨॥
48872	1141	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48873	1141	ਨਿਰਵੈਰ ਪੁਰਖ ਸਤਿਗੁਰ ਪ੍ਰਭ ਦਾਤੇ॥		Niravair Purakh Sathigur Prabh Dhaathae ||	The True Guru, the Primal Being, is free of revenge and hate; He is God, the Great Giver.	ਹੇ ਕਿਸੇ ਨਾਲ ਵੈਰ ਨਾਹ ਰੱਖਣ ਵਾਲੇ ਗੁਰੂ ਪੁਰਖ! ਹੇ ਦਾਤਾਰ ਪ੍ਰਭੂ!
48874	1141	ਹਮ ਅਪਰਾਧੀ ਤੁਮ੍ਹ ਬਖਸਾਤੇ॥		Ham Aparaadhhee Thumh Bakhasaathae ||	I am a sinner; You are my Forgiver.	ਅਸੀਂ (ਜੀਵ) ਭੁੱਲਾਂ ਕਰਨ ਵਾਲੇ ਹਾਂ, ਤੁਸੀਂ (ਸਾਡੀਆਂ) ਭੁੱਲਾਂ ਬਖ਼ਸ਼ਣ ਵਾਲੇ ਹੋ।

48875	1141	ਜਿਸੁ ਪਾਪੀ ਕਉ ਮਿਲੈ ਨ ਢੋਈ॥		Jis Paapee Ko Milai N Dtoee ||	That sinner, who finds no protection anywhere	ਹੇ ਸਤਿਗੁਰੂ! ਜਿਸ ਪਾਪੀ ਨੂੰ ਹੋਰ ਕਿਤੇ ਆਸਰਾ ਨਹੀਂ ਮਿਲਦਾ,
48876	1141	ਸਰਣਿ ਆਵੈ ਤਾਂ ਨਿਰਮਲੁ ਹੋਈ॥੧॥		Saran Aavai Thaan Niramal Hoee ||1||	- if he comes seeking Your Sanctuary, then he becomes immaculate and pure. ||1||	ਜਦੋਂ ਉਹ ਤੇਰੀ ਸਰਨ ਆ ਜਾਂਦਾ ਹੈ, ਤਾਂ ਉਹ ਪਵਿੱਤਰ ਜੀਵਨ ਵਾਲਾ ਬਣ ਜਾਂਦਾ ਹੈ ॥੧॥
48877	1141	ਸੁਖੁ ਪਾਇਆ ਸਤਿਗੁਰੂ ਮਨਾਇ॥		Sukh Paaeiaa Sathiguroo Manaae ||	Pleasing the True Guru, I have found peace.	ਗੁਰੂ ਨੂੰ ਹਿਰਦੇ ਵਿਚ ਵਸਾ ਕੇ (ਮਨੁੱਖ) ਸਾਰੇ (ਇੱਛਿਤ) ਫਲ ਹਾਸਲ ਕਰ ਲੈਂਦਾ ਹੈ।
48878	1141	ਸਭ ਫਲ ਪਾਏ ਗੁਰੂ ਧਿਆਇ॥੧॥ਰਹਾਉ ॥		Sabh Fal Paaeae Guroo Dhhiaae ||1|| Rehaao ||	Meditating on the Guru, I have obtained all fruits and rewards. ||1||Pause||	ਗੁਰੂ ਨੂੰ ਪ੍ਰਸੰਨ ਕਰ ਕੇ (ਮਨੁੱਖ) ਆਤਮਕ ਆਨੰਦ ਪ੍ਰਾਪਤ ਕਰ ਲੈਂਦਾ ਹੈ ॥੧॥ ਰਹਾਉ ॥
48879	1141	ਪਾਰਬ੍ਰਹਮ ਸਤਿਗੁਰ ਆਦੇਸੁ॥		Paarabreham Sathigur Aadhaes ||	I humbly bow to the Supreme Lord God, the True Guru.	ਹੇ ਗੁਰੂ! ਹੇ ਪ੍ਰਭੂ! (ਤੈਨੂੰ ਮੇਰੀ) ਨਮਸਕਾਰ ਹੈ।
48880	1141	ਮਨੁ ਤਨੁ ਤੇਰਾ ਸਭੁ ਤੇਰਾ ਦੇਸੁ॥		Man Than Thaeraa Sabh Thaeraa Dhaes ||	My mind and body are Yours; all the world is Yours.	(ਅਸਾਂ ਜੀਵਾਂ ਦਾ ਇਹ) ਮਨ (ਇਹ) ਤਨ ਤੇਰਾ ਹੀ ਦਿੱਤਾ ਹੋਇਆ ਹੈ (ਜੋ ਕੁਝ ਦਿੱਸ ਰਿਹਾ ਹੈ) ਸਾਰਾ ਤੇਰਾ ਹੀ ਦੇਸ ਹੈ (ਹਰ ਥਾਂ ਤੂੰ ਹੀ ਵੱਸ ਰਿਹਾ ਹੈਂ)।

48881	1141	ਚੂਕਾ ਪੜਦਾ ਤਾਂ ਨਦਰੀ ਆਇਆ॥	ਪੜਦਾ: ਪੋਲਾ ਬੋਲੋ	Chookaa Parradhaa Thaan Nadharee Aaeiaa ||	When the veil of illusion is removed, then I come to see You.	(ਜਦੋਂ ਕਿਸੇ ਜੀਵ ਦੇ ਅੰਦਰੋਂ ਮਾਇਆ ਦੇ ਮੋਹ ਦਾ) ਪਰਦਾ ਮੁੱਕ ਜਾਂਦਾ ਹੈ ਤਦੋਂ ਤੂੰ ਉਸ ਨੂੰ ਦਿੱਸ ਪੈਂਦਾ ਹੈਂ।
48882	1141	ਖਸਮੁ ਤੂਹੈ ਸਭਨਾ ਕੇ ਰਾਇਆ॥੨॥		Khasam Thoohai Sabhanaa Kae Raaeiaa ||2||	You are my Lord and Master; You are the King of all. ||2||	(ਉਹ ਜਾਣ ਲੈਂਦਾ ਹੈ ਕਿ) ਹੇ ਸਭ ਜੀਵਾਂ ਦੇ ਪਾਤਿਸ਼ਾਹ! ਤੂੰ (ਹੀ ਸਭ ਦਾ) ਖਸਮ ਹੈਂ ॥੨॥
48883	1141	ਤਿਸੁ ਭਾਣਾ ਸੂਕੇ ਕਾਸਟ ਹਰਿਆ॥		This Bhaanaa Sookae Kaasatt Hariaa ||	When it pleases Him, even dry wood becomes green.	ਜੇ ਉਸ ਪ੍ਰਭੂ ਨੂੰ ਚੰਗਾ ਲੱਗੇ ਤਾਂ ਸੁੱਕੇ ਕਾਠ ਹਰੇ ਹੋ ਜਾਂਦੇ ਹਨ,
48884	1141	ਤਿਸੁ ਭਾਣਾ ਤਾਂ ਥਲ ਸਿਰਿ ਸਰਿਆ॥		This Bhaanaa Thaan Thhal Sir Sariaa ||	When it pleases Him, rivers flow across the desert sands.	ਜੇ ਉਸ ਪ੍ਰਭੂ ਨੂੰ ਚੰਗਾ ਲੱਗੇ ਤਾਂ ਥਲ ਉੱਤੇ ਸਰੋਵਰ ਬਣ ਜਾਂਦਾ ਹੈ।
48885	1141	ਤਿਸੁ ਭਾਣਾ ਤਾਂ ਸਭਿ ਫਲ ਪਾਏ॥		This Bhaanaa Thaan Sabh Fal Paaeae ||	When it pleases Him, all fruits and rewards are obtained.	ਜਦੋਂ ਕੋਈ ਮਨੁੱਖ ਉਸ ਪ੍ਰਭੂ ਨੂੰ ਚੰਗਾ ਲੱਗ ਪਏ, ਤਦੋਂ ਉਹ ਸਾਰੇ ਫਲ ਪ੍ਰਾਪਤ ਕਰ ਲੈਂਦਾ ਹੈ।
48886	1141	ਚਿੰਤ ਗਈ ਲਗਿ ਸਤਿਗੁਰ ਪਾਏ॥੩॥		Chinth Gee Lag Sathigur Paaeae ||3||	Grasping hold of the Guru's feet, my anxiety is dispelled. ||3||	ਗੁਰੂ ਦੀ ਚਰਨੀਂ ਲੱਗ ਕੇ (ਉਸ ਦੇ ਅੰਦਰੋਂ) ਚਿੰਤਾ ਦੂਰ ਹੋ ਜਾਂਦੀ ਹੈ ॥੩॥
48887	1142	ਹਰਾਮਖੋਰ ਨਿਰਗੁਣ ਕਉ ਤੂਠਾ॥		Haraamakhor Niragun Ko Thoothaa ||	I am unworthy and ungrateful, but He has been merciful to me.	ਪਰਾਇਆ ਹੱਕ ਖਾਣ ਵਾਲੇ ਗੁਣ-ਹੀਨ ਮਨੁੱਖ ਉੱਤੇ ਭੀ ਜਦੋਂ ਪਰਮਾਤਮਾ ਦਇਆਵਾਨ ਹੋ ਜਾਂਦਾ ਹੈ,

48888	1142	ਮਨੁ ਤਨੁ ਸੀਤਲੁ ਮਨਿ ਅੰਮ੍ਰਿਤੁ ਵੂਠਾ॥		Man Than Seethal Man Anmrith Voothaa ||	My mind and body have been cooled and soothed; the Ambrosial Nectar rains down in my mind.	ਉਸ ਦਾ ਮਨ ਉਸ ਦਾ ਤਨ ਸ਼ਾਂਤ ਹੋ ਜਾਂਦਾ ਹੈ, ਉਸ ਦੇ ਮਨ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਆ ਵੱਸਦਾ ਹੈ।
48889	1142	ਪਾਰਬ੍ਰਹਮ ਗੁਰ ਭਏ ਦਇਆਲਾ॥		Paarabreham Gur Bheae Dhaeiaalaa ||	The Supreme Lord God, the Guru, has become kind and compassionate to me.	ਜਿਨ੍ਹਾਂ ਸੇਵਕਾਂ ਉਤੇ ਗੁਰੂ ਪਰਮਾਤਮਾ ਦਇਆਲ ਹੁੰਦੇ ਹਨ,
48890	1142	ਨਾਨਕ ਦਾਸ ਦੇਖਿ ਭਏ ਨਿਹਾਲਾ॥੪॥੧੦॥ ੨੩॥		Naanak Dhaas Dhaekh Bheae Nihaalaa ||4||10||23||	Slave Nanak beholds the Lord, enraptured. ||4||10||23||	ਹੇ ਨਾਨਕ! ਉਹ ਦਰਸਨ ਕਰ ਕੇ ਨਿਹਾਲ ਹੋ ਜਾਂਦੇ ਹਨ ॥੪॥੧੦॥੨੩॥
48891	1142	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48892	1142	ਸਤਿਗੁਰੁ ਮੇਰਾ ਬੇਮੁਹਤਾਜੁ॥		Sathigur Maeraa Baemuhathaaj ||	My True Guru is totally independent.	ਪਿਆਰੇ ਗੁਰੂ ਨੂੰ ਕਿਸੇ ਦੀ ਮੁਥਾਜੀ ਨਹੀਂ (ਗੁਰੂ ਦੀ ਕੋਈ ਆਪਣੀ ਜ਼ਾਤੀ ਗ਼ਰਜ਼ ਨਹੀਂ)-
48893	1142	ਸਤਿਗੁਰ ਮੇਰੇ ਸਚਾ ਸਾਜੁ॥		Sathigur Maerae Sachaa Saaj ||	My True Guru is adorned with Truth.	ਗੁਰੂ ਦੀ ਇਹ ਸਦਾ ਕਾਇਮ ਰਹਿਣ ਵਾਲੀ ਮਰਯਾਦਾ ਹੈ (ਕਿ ਉਹ ਸਦਾ ਬੇ-ਗ਼ਰਜ਼ ਹੈ)।
48894	1142	ਸਤਿਗੁਰੁ ਮੇਰਾ ਸਭਸ ਕਾ ਦਾਤਾ॥		Sathigur Maeraa Sabhas Kaa Dhaathaa ||	My True Guru is the Giver of all.	ਗੁਰੂ ਸਭ ਜੀਵਾਂ ਨੂੰ (ਦਾਤਾਂ) ਦੇਣ ਵਾਲਾ ਹੈ।

48895	1142	ਸਤਿਗੁਰੁ ਮੇਰਾ ਪੁਰਖੁ ਬਿਧਾਤਾ॥੧॥		Sathigur Maeraa Purakh Bidhhaathaa ||1||	My True Guru is the Primal Creator Lord, the Architect of Destiny. ||1||	ਗੁਰੂ ਅਤੇ ਸਿਰਜਣਹਾਰ ਅਕਾਲ ਪੁਰਖ ਇੱਕ-ਰੂਪ ਹੈ ॥੧॥
48896	1142	ਗੁਰ ਜੈਸਾ ਨਾਹੀ ਕੋ ਦੇਵ॥		Gur Jaisaa Naahee Ko Dhaev ||	There is no deity equal to the Guru.	ਗੁਰੂ ਵਰਗਾ ਹੋਰ ਕੋਈ ਦੇਵਤਾ ਨਹੀਂ ਹੈ।
48897	1142	ਜਿਸੁ ਮਸਤਕਿ ਭਾਗੁ ਸੁ ਲਾਗਾ ਸੇਵ॥੧॥ਰਹਾਉ॥		Jis Masathak Bhaag S Laagaa Saev ||1|| Rehaao ||	Whoever has good destiny inscribed on his forehead, applies himself to seva - selfless service. ||1||Pause||	ਜਿਸ (ਮਨੁੱਖ) ਦੇ ਮੱਥੇ ਉਤੇ ਚੰਗੀ ਕਿਸਮਤ (ਜਾਗ ਪਏ) ਉਹ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ॥੧॥ ਰਹਾਉ ॥
48898	1142	ਸਤਿਗੁਰੁ ਮੇਰਾ ਸਰਬ ਪ੍ਰਤਿਪਾਲੈ॥		Sathigur Maeraa Sarab Prathipaalai ||	My True Guru is the Sustainer and Cherisher of all.	ਪਿਆਰਾ ਗੁਰੂ ਸਭ ਜੀਵਾਂ ਦੀ ਰੱਖਿਆ ਕਰਦਾ ਹੈ,
48899	1142	ਸਤਿਗੁਰੁ ਮੇਰਾ ਮਾਰਿ ਜੀਵਾਲੈ॥		Sathigur Maeraa Maar Jeevaalai ||	My True Guru kills and revives.	(ਜਿਹੜਾ ਮਨੁੱਖ ਉਸ ਦੇ ਦਰ ਤੇ ਆਉਂਦਾ ਹੈ, ਉਸ ਨੂੰ ਮਾਇਆ ਦੇ ਮੋਹ ਵੱਲੋਂ) ਮਾਰ ਕੇ ਆਤਮਕ ਜੀਵਨ ਦੇ ਦੇਂਦਾ ਹੈ।
48900	1142	ਸਤਿਗੁਰ ਮੇਰੇ ਕੀ ਵਡਿਆਈ॥		Sathigur Maerae Kee Vaddiaaee ||	The glorious greatness of my True Guru	ਗੁਰੂ ਦੀ ਇਹ ਉੱਚੀ ਸੋਭਾ-
48901	1142	ਪ੍ਰਗਟੁ ਭਈ ਹੈ ਸਭਨੀ ਥਾਈ॥੨॥	ਥਾਂਈਂ	Pragatt Bhee Hai Sabhanee Thhaaee ||2||	Has become manifest everywhere. ||2||	ਸਭਨੀਂ ਥਾਈਂ ਰੌਸ਼ਨ ਹੋ ਗਈ ਹੈ ॥੨॥

48902	1142	ਸਤਿਗੁਰੁ ਮੇਰਾ ਤਾਣੁ ਨਿਤਾਣੁ॥		Sathigur Maeraa Thaan Nithaan ||	My True Guru is the power of the powerless.	ਜਿਸ ਮਨੁੱਖ ਦਾ ਹੋਰ ਕੋਈ ਭੀ ਆਸਰਾ ਨਹੀਂ (ਜਦੋਂ ਉਹ ਗੁਰੂ ਦੀ ਸਰਨ ਆ ਪੈਂਦਾ ਹੈ) ਗੁਰੂ (ਉਸ ਦਾ) ਆਸਰਾ ਬਣ ਜਾਂਦਾ ਹੈ,
48903	1142	ਸਤਿਗੁਰੁ ਮੇਰਾ ਘਰਿ ਦੀਬਾਣੁ॥		Sathigur Maeraa Ghar Dheebaan ||	My True Guru is my home and court.	ਗੁਰੂ ਉਸ ਦੇ ਹਿਰਦੇ-ਘਰ ਵਿਚ ਸਹਾਰਾ ਦੇਂਦਾ ਹੈ।
48904	1142	ਸਤਿਗੁਰ ਕੈ ਹਉ ਸਦ ਬਲਿ ਜਾਇਆ॥		Sathigur Kai Ho Sadh Bal Jaaeiaa ||	I am forever a sacrifice to the True Guru.	ਮੈਂ ਉਸ ਤੋਂ ਸਦਾ ਕੁਰਬਾਨ ਜਾਂਦਾ ਹਾਂ,
48905	1142	ਪ੍ਰਗਟੁ ਮਾਰਗੁ ਜਿਨਿ ਕਰਿ ਦਿਖਲਾਇਆ॥੩॥		Pragatt Maarag Jin Kar Dhikhalaaeiaa ||3||	He has shown me the path. ||3||	ਜਿਸ (ਗੁਰੂ) ਨੇ ਆਤਮਕ ਜੀਵਨ ਦਾ) ਸਿੱਧਾ ਰਾਹ ਵਿਖਾਲ ਦਿੱਤਾ ਹੈ ॥੩॥
48906	1142	ਜਿਨਿ ਗੁਰੁ ਸੇਵਿਆ ਤਿਸੁ ਭਉ ਨ ਬਿਆਪੈ॥		Jin Gur Saeviaa This Bho N Biaapai ||	One who serves the Guru is not afflicted with fear.	ਜਿਸ (ਮਨੁੱਖ) ਨੇ ਗੁਰੂ ਦੀ ਸਰਨ ਲਈ ਹੈ, ਕੋਈ ਡਰ ਉਸ ਉਤੇ ਆਪਣਾ ਜ਼ੋਰ ਨਹੀਂ ਪਾ ਸਕਦਾ,
48907	1142	ਜਿਨਿ ਗੁਰੁ ਸੇਵਿਆ ਤਿਸੁ ਦੁਖੁ ਨ ਸੰਤਾਪੈ॥		Jin Gur Saeviaa This Dhukh N Santhaapai ||	One who serves the Guru does not suffer in pain.	ਜਿਸ (ਮਨੁੱਖ) ਨੇ ਗੁਰੂ ਦੀ ਸਰਨ ਲਈ ਹੈ, ਕੋਈ ਦੁੱਖ-ਕਲੇਸ਼ ਉਸ ਨੂੰ ਸਤਾ ਨਹੀਂ ਸਕਦਾ।

48908	1142	ਨਾਨਕ ਸੋਧੇ ਸਿੰਮ੍ਰਿਤਿ ਬੇਦ॥		Naanak Sodhhae Sinmrith Baedh ||	Nanak has studied the Simritees and the Vedas.	ਹੇ ਨਾਨਕ! ਸਿੰਮ੍ਰਿਤੀਆਂ ਵੇਦ (ਆਦਿਕ ਧਰਮ-ਪੁਸਤਕ) ਖੋਜ ਵੇਖੇ ਹਨ (ਗੁਰੂ ਸਭ ਤੋਂ ਉੱਚਾ ਹੈ)
48909	1142	ਪਾਰਬ੍ਰਹਮ ਗੁਰ ਨਾਹੀ ਭੇਦ॥੪॥੧੧॥੨੪॥		Paarabreham Gur Naahee Bhaedh ||4||11||24||	There is no difference between the Supreme Lord God and the Guru. ||4||11||24||	ਗੁਰੂ ਅਤੇ ਪਰਮਾਤਮਾ ਵਿਚ ਕੋਈ ਭੀ ਫ਼ਰਕ ਨਹੀਂ ਹੈ ॥੪॥੧੧॥੨੪॥
48910	1142	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48911	1142	ਨਾਮੁ ਲੈਤ ਮਨੁ ਪਰਗਟੁ ਭਇਆ॥		Naam Laith Man Paragatt Bhaeiaa ||	Repeating the Naam, the Name of the Lord, the mortal is exalted and glorified.	ਪਰਮਾਤਮਾ ਦਾ ਨਾਮ ਜਪਦਿਆਂ (ਮਨੁੱਖ ਦਾ) ਮਨ (ਵਿਕਾਰਾਂ ਦੇ ਹਨੇਰੇ ਵਿਚੋਂ ਨਿਕਲ ਕੇ) ਰੌਸ਼ਨ ਹੋ ਜਾਂਦਾ ਹੈ,
48912	1142	ਨਾਮੁ ਲੈਤ ਪਾਪੁ ਤਨ ਤੇ ਗਇਆ॥		Naam Laith Paap Than Thae Gaeiaa ||	Repeating the Naam, sin is banished from the body.	(ਕਿਉਂਕਿ) ਨਾਮ ਸਿਮਰਦਿਆਂ (ਹਰੇਕ ਕਿਸਮ ਦਾ) ਪਾਪ ਸਰੀਰ ਤੋਂ ਦੂਰ ਹੋ ਜਾਂਦਾ ਹੈ।
48913	1142	ਨਾਮੁ ਲੈਤ ਸਗਲ ਪੁਰਬਾਇਆ॥		Naam Laith Sagal Purabaaeiaa ||	Repeating the Naam, all festivals are celebrated.	ਨਾਮ ਸਿਮਰਦਿਆਂ (ਮਾਨੋ) ਸਾਰੇ ਪੁਰਬ ਮਨਾਏ ਗਏ,
48914	1142	ਨਾਮੁ ਲੈਤ ਅਠਸਠਿ ਮਜਨਾਇਆ॥੧॥	ਅੱਠਸੱਠਿ। ਮੱਜਨਾਇਆ	Naam Laith Athasath Majanaaeiaa ||1||	Repeating the Naam, one is cleansed at the sixty-eight sacred shrines. ||1||	ਨਾਮ ਜਪਦਿਆਂ ਅਠਾਹਠ ਤੀਰਥਾਂ ਦਾ ਇਸ਼ਨਾਨ ਹੋ ਗਿਆ ॥੧॥

48915	1142	ਤੀਰਥੁ ਹਮਰਾ ਹਰਿ ਕੋ ਨਾਮੁ॥		Theerathh Hamaraa Har Ko Naam ||	My sacred shrine of pilgrimage is the Name of the Lord.	ਪਰਮਾਤਮਾ ਦਾ ਨਾਮ ਹੀ ਸਾਡਾ ਤੀਰਥ ਹੈ।
48916	1142	ਗੁਰਿ ਉਪਦੇਸਿਆ ਤਤੁ ਗਿਆਨੁ॥੧॥ਰਹਾਉ ॥		Gur Oupadhaesiaa Thath Giaan ||1|| Rehaao ||	The Guru has instructed me in the true essence of spiritual wisdom. ||1||Pause||	ਗੁਰੂ ਨੇ (ਸਾਨੂੰ) ਆਤਮਕ ਜੀਵਨ ਦੀ ਸੂਝ ਦਾ ਇਹ ਨਿਚੋੜ ਸਮਝਾ ਦਿੱਤਾ ਹੈ ॥੧॥ ਰਹਾਉ ॥
48917	1142	ਨਾਮੁ ਲੈਤ ਦੁਖੁ ਦੂਰਿ ਪਰਾਨਾ॥		Naam Laith Dhukh Dhoor Paraanaa ||	Repeating the Naam, the mortal's pains are taken away.	ਪਰਮਾਤਮਾ ਦਾ ਨਾਮ ਜਪਦਿਆਂ (ਹਰੇਕ) ਦੁੱਖ ਦੂਰ ਹੋ ਜਾਂਦਾ ਹੈ,
48918	1142	ਨਾਮੁ ਲੈਤ ਅਤਿ ਮੂੜ ਸੁਗਿਆਨਾ॥	ਮੂੜ੍ । ਸੁ-ਗਿਆਨਾ	Naam Laith Ath Moorr Sugiaanaa ||	Repeating the Naam, the most ignorant people become spiritual teachers.	ਨਾਮ ਜਪਦਿਆਂ ਵੱਡਾ ਭਾਰਾ ਮੂਰਖ ਭੀ ਆਤਮਕ ਜੀਵਨ ਦੀ ਸੋਹਣੀ ਸੂਝ ਵਾਲਾ ਹੋ ਜਾਂਦਾ ਹੈ।
48919	1142	ਨਾਮੁ ਲੈਤ ਪਰਗਟਿ ਉਜੀਆਰਾ॥	ਉਜੀ-ਆਰਾ	Naam Laith Paragatt Oujeeaaraa ||	Repeating the Naam, the Divine Light blazes forth.	ਨਾਮ ਸਿਮਰਦਿਆਂ (ਮਨ ਵਿਚ ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ,
48920	1142	ਨਾਮੁ ਲੈਤ ਛੁਟੇ ਜੰਜਾਰਾ॥੨॥		Naam Laith Shhuttae Janjaaraa ||2||	Repeating the Naam, one's bonds are broken. ||2||	(ਕਿਉਂਕਿ) ਨਾਮ ਜਪਦਿਆਂ (ਮਨ ਦੀਆਂ ਮਾਇਆ ਦੇ ਮੋਹ ਦੀਆਂ ਸਾਰੀਆਂ) ਫਾਹੀਆਂ ਮੁੱਕ ਜਾਂਦੀਆਂ ਹਨ ॥੨॥
48921	1142	ਨਾਮੁ ਲੈਤ ਜਮੁ ਨੇੜਿ ਨ ਆਵੈ॥		Naam Laith Jam Naerr N Aavai ||	Repeating the Naam, the Messenger of Death does not draw near.	ਪਰਮਾਤਮਾ ਦਾ ਨਾਮ ਜਪਦਿਆਂ ਜਮ (ਮਨੁੱਖ ਦੇ) ਨੇੜੇ ਨਹੀਂ ਆਉਂਦਾ,

48922	1142	ਨਾਮੁ ਲੈਤ ਦਰਗਹ ਸੁਖੁ ਪਾਵੈ॥		Naam Laith Dharageh Sukh Paavai ||	Repeating the Naam, one finds peace in the Court of the Lord.	ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਟਿਕ ਕੇ ਆਤਮਕ ਆਨੰਦ ਮਾਣਦਾ ਹੈ,
48923	1142	ਨਾਮੁ ਲੈਤ ਪ੍ਰਭੁ ਕਹੈ ਸਾਬਾਸਿ॥		Naam Laith Prabh Kehai Saabaas ||	Repeating the Naam, God gives His Approval.	ਨਾਮ ਸਿਮਰਦਿਆਂ ਪਰਮਾਤਮਾ (ਭੀ) ਆਦਰ-ਮਾਣ ਦੇਂਦਾ ਹੈ।
48924	1142	ਨਾਮੁ ਹਮਾਰੀ ਸਾਚੀ ਰਾਸਿ॥੩॥		Naam Hamaaree Saachee Raas ||3||	The Naam is my true wealth. ||3||	ਪਰਮਾਤਮਾ ਦਾ ਨਾਮ ਹੀ ਅਸਾਂ ਜੀਵਾਂ ਵਾਸਤੇ ਸਦਾ ਕਾਇਮ ਰਹਿਣ ਵਾਲਾ ਸਰਮਾਇਆ ਹੈ ॥੩॥
48925	1142	ਗੁਰਿ ਉਪਦੇਸੁ ਕਹਿਓ ਇਹੁ ਸਾਰੁ॥		Gur Oupadhaes Kehiou Eihu Saar ||	The Guru has instructed me in these sublime teachings.	ਗੁਰੂ ਨੇ (ਮੈਨੂੰ) ਇਹ ਸਭ ਤੋਂ ਵਧੀਆ ਉਪਦੇਸ਼ ਦੇ ਦਿੱਤਾ ਹੈ,
48926	1142	ਹਰਿ ਕੀਰਤਿ ਮਨ ਨਾਮੁ ਅਧਾਰੁ॥		Har Keerath Man Naam Adhhaar ||	The Kirtan of the Lord's Praises and the Naam are the Support of the mind.	ਕਿ ਪਰਮਾਤਮਾ ਦੀ ਸਿਫ਼ਤ-ਸਾਲਾਹ ਪਰਮਾਤਮਾ ਦਾ ਨਾਮ (ਹੀ) ਮਨ ਦਾ ਆਸਰਾ ਹੈ।
48927	1142	ਨਾਨਕ ਉਧਰੇ ਨਾਮ ਪੁਨਹਚਾਰ॥	ਪੁੰਨ ਜਮ੍ਹਾਂ ਕਰਨ ਲਈ, (ਪੁਨਹਚਾਰ) ਪੁੰਨ ਕਰਮ ਕਰਨੇ। ਔਗੁਣਾਂ ਤੋਂ (ਉ-ਧਰੇ) ਉਧਾਰ ਲਏ। ਪੁਨਹ-ਚਾਰ	Naanak Oudhharae Naam Punehachaar ||	Nanak is saved through the atonement of the Naam.	ਹੇ ਨਾਨਕ! ਉਹ ਮਨੁੱਖ (ਵਿਕਾਰਾਂ ਦੀਆਂ ਲਹਿਰਾਂ ਤੋਂ) ਪਾਰ ਲੰਘ ਜਾਂਦੇ ਹਨ ਜਿਹੜੇ ਨਾਮ ਜਪਣ ਦੇ ਪ੍ਰਾਸ਼ਚਿਤ ਕਰਮ ਕਰਦੇ ਹਨ।

48928	1142	ਅਵਰਿ ਕਰਮ ਲੋਕਹ ਪਤੀਆਰ॥੪॥੧੨॥੨੫॥	ਪਤੀ-ਆਰ	Avar Karam Lokeh Patheeaar ||4||12||25||	Other actions are just to please and appease the people. ||4||12||25||	ਹੋਰ ਸਾਰੇ (ਪ੍ਰਾਸ਼ਚਿਤ) ਕਰਮ ਲੋਕਾਂ ਦੀ ਤਸੱਲੀ ਕਰਾਣ ਵਾਸਤੇ ਹਨ (ਕਿ ਅਸੀਂ ਧਾਰਮਿਕ ਬਣ ਗਏ ਹਾਂ) ॥੪॥੧੨॥੨੫॥
48929	1142	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
48930	1142	ਨਮਸਕਾਰ ਤਾ ਕਉ ਲਖ ਬਾਰ॥		Namasakaar Thaa Ko Lakh Baar ||	I bow in humble worship, tens of thousands of times.	ਉਸ ਪਰਮਾਤਮਾ ਅੱਗੇ ਲੱਖਾਂ ਵਾਰੀ ਸਿਰ ਨਿਵਾਣਾ ਚਾਹੀਦਾ ਹੈ,
48931	1142	ਇਹੁ ਮਨੁ ਦੀਜੈ ਤਾ ਕਉ ਵਾਰਿ॥		Eihu Man Dheejai Thaa Ko Vaar ||	I offer this mind as a sacrifice.	ਆਪਣਾ ਇਹ ਮਨ ਉਸ ਪਰਮਾਤਮਾ ਦੇ ਅੱਗੇ ਭੇਟਾ ਕਰ ਦੇਣਾ ਚਾਹੀਦਾ ਹੈ।
48932	1142	ਸਿਮਰਨਿ ਤਾ ਕੈ ਮਿਟਹਿ ਸੰਤਾਪ॥		Simaran Thaa Kai Mittehi Santhaap ||	Meditating in remembrance on Him, sufferings are erased.	ਉਸ ਪਰਮਾਤਮਾ ਦਾ ਨਾਮ ਸਿਮਰਨ ਦੀ ਬਰਕਤ ਨਾਲ (ਸਾਰੇ) ਦੁੱਖ-ਕਲੇਸ਼ ਮਿਟ ਜਾਂਦੇ ਹਨ,
48933	1142	ਹੋਇ ਅਨੰਦੁ ਨ ਵਿਆਪਹਿ ਤਾਪ॥੧॥	ਵਿਆਪ-ਹਿ	Hoe Anandh N Viaapehi Thaap ||1||	Bliss wells up, and no disease is contracted. ||1||	(ਮਨ ਵਿਚ) ਖ਼ੁਸ਼ੀ ਪੈਦਾ ਹੁੰਦੀ ਹੈ, ਕੋਈ ਭੀ ਦੁੱਖ ਆਪਣਾ ਜ਼ੋਰ ਨਹੀਂ ਪਾ ਸਕਦੇ ॥੧॥
48934	1142	ਐਸੋ ਹੀਰਾ ਨਿਰਮਲ ਨਾਮ॥		Aiso Heeraa Niramal Naam ||	Such is the diamond, the Immaculate Naam, the Name of the Lord.	(ਜੀਵਾਂ ਦੇ ਹਿਰਦੇ) ਪਵਿੱਤਰ ਕਰਨ ਵਾਲਾ ਹਰਿ-ਨਾਮ ਅਜਿਹਾ ਕੀਮਤੀ ਪਦਾਰਥ ਹੈ,

48935	1142	ਜਾਸੁ ਜਪਤ ਪੂਰਨ ਸਭਿ ਕਾਮ॥੧॥ਰਹਾਉ॥		Jaas Japath Pooran Sabh Kaam ||1|| Rehaao ||	Chanting it, all works are perfectly completed. ||1||Pause||	ਕਿ ਉਸ ਨੂੰ ਜਪਦਿਆਂ ਸਾਰੇ ਕੰਮ ਸਫਲ ਹੋ ਜਾਂਦੇ ਹਨ ॥੧॥ ਰਹਾਉ ॥
48936	1142	ਜਾ ਕੀ ਦ੍ਰਿਸਟਿ ਦੁਖ ਡੇਰਾ ਢਹੈ॥		Jaa Kee Dhrisatt Dhukh Ddaeraa Dtehai ||	Beholding Him, the house of pain is demolished.	ਜਿਸ ਪਰਮਾਤਮਾ ਦੀ ਮਿਹਰ ਦੀ ਨਿਗਾਹ ਨਾਲ (ਮਨੁੱਖ ਦੇ ਅੰਦਰੋਂ) ਦੁੱਖਾਂ ਦਾ ਡੇਰਾ ਢਹਿ ਜਾਂਦਾ ਹੈ,
48937	1142	ਅੰਮ੍ਰਿਤ ਨਾਮੁ ਸੀਤਲੁ ਮਨਿ ਗਹੈ॥		Anmrith Naam Seethal Man Gehai ||	The mind seizes the cooling, soothing, Ambrosial Nectar of the Naam.	(ਜਿਹੜਾ ਮਨੁੱਖ ਉਸ ਦਾ) ਆਤਮਕ ਜੀਵਨ ਦੇਣ ਵਾਲਾ ਨਾਮ (ਆਪਣੇ) ਮਨ ਵਿਚ ਵਸਾਂਦਾ ਹੈ (ਉਸ ਦਾ ਹਿਰਦਾ) ਠੰਢਾ-ਠਾਰ ਹੋ ਜਾਂਦਾ ਹੈ।
48938	1142	ਅਨਿਕ ਭਗਤ ਜਾ ਕੇ ਚਰਨ ਪੂਜਾਰੀ॥		Anik Bhagath Jaa Kae Charan Poojaaree ||	Millions of devotees worship His Feet.	ਅਨੇਕਾਂ ਹੀ ਭਗਤ ਜਿਸ ਪਰਮਾਤਮਾ ਦੇ ਚਰਨ ਪੂਜ ਰਹੇ ਹਨ,
48939	1142	ਸਗਲ ਮਨੋਰਥ ਪੂਰਨਹਾਰੀ॥੨॥		Sagal Manorathh Pooranehaaree ||2||	He is the Fulfiller of all the mind's desires. ||2||	ਉਹ ਪ੍ਰਭੂ (ਆਪਣੇ ਭਗਤਾਂ ਦੇ) ਸਾਰੇ ਮਨੋਰਥ ਪੂਰੇ ਕਰਨ ਵਾਲਾ ਹੈ ॥੨॥
48940	1142	ਖਿਨ ਮਹਿ ਊਣੇ ਸੁਭਰ ਭਰਿਆ॥	ਸੁੱਭਰ	Khin Mehi Oonae Subhar Bhariaa ||	In an instant, He fills the empty to over-flowing.	(ਉਸ ਪਰਮਾਤਮਾ ਦਾ ਨਾਮ) ਖ਼ਾਲੀ (ਹਿਰਦਿਆਂ) ਨੂੰ ਇਕ ਖਿਨ ਵਿਚ (ਗੁਣਾਂ ਨਾਲ) ਨਕਾ-ਨਕ ਭਰ ਦੇਂਦਾ ਹੈ,
48941	1142	ਖਿਨ ਮਹਿ ਸੂਕੇ ਕੀਨੇ ਹਰਿਆ॥		Khin Mehi Sookae Keenae Hariaa ||	In an instant, He transforms the dry into green.	(ਆਤਮਕ ਜੀਵਨ ਵਲੋਂ) ਸੁੱਕੇ ਹੋਇਆਂ ਨੂੰ ਇਕ ਖਿਨ ਵਿਚ ਹਰੇ ਕਰ ਦੇਂਦਾ ਹੈ।

48942	1142	ਖਿਨ ਮਹਿ ਨਿਥਾਵੇ ਕਉ ਦੀਨੋ ਥਾਨੁ॥		Khin Mehi Nithhaavae Ko Dheeno Thhaan ||	In an instant, He gives the homeless a home.	ਜਿਸ ਮਨੁੱਖ ਨੂੰ ਕਿਤੇ ਆਸਰਾ ਨਹੀਂ ਮਿਲਦਾ, ਪਰਮਾਤਮਾ ਉਸ ਨੂੰ ਇਕ ਖਿਨ ਵਿਚ ਸਹਾਰਾ ਦੇ ਦੇਂਦਾ ਹੈ,
48943	1142	ਖਿਨ ਮਹਿ ਨਿਮਾਣੇ ਕਉ ਦੀਨੋ ਮਾਨੁ॥੩॥		Khin Mehi Nimaanae Ko Dheeno Maan ||3||	In an instant, He bestows honor on the dishonored. ||3||	ਜਿਸ ਨੂੰ ਕਿਤੇ ਕੋਈ ਆਦਰ-ਸਤਕਾਰ ਨਹੀਂ ਦੇਂਦਾ, ਉਹ ਪਰਮਾਤਮਾ ਉਸ ਨੂੰ ਇਕ ਖਿਨ ਵਿਚ ਮਾਣ-ਆਦਰ ਬਖ਼ਸ਼ ਦੇਂਦਾ ਹੈ ॥੩॥
48944	1143	ਸਭ ਮਹਿ ਏਕੁ ਰਹਿਆ ਭਰਪੂਰਾ॥		Sabh Mehi Eaek Rehiaa Bharapooraa ||	The One Lord is totally pervading and permeating all.	ਸਭ ਜੀਵਾਂ ਵਿਚ ਉਹ ਪਰਮਾਤਮਾ ਹੀ ਪੂਰਨ ਤੌਰ ਤੇ ਵੱਸ ਰਿਹਾ ਹੈ।
48945	1143	ਸੋ ਜਾਪੈ ਜਿਸੁ ਸਤਿਗੁਰੁ ਪੂਰਾ॥		So Jaapai Jis Sathigur Pooraa ||	He alone meditates on the Lord, whose True Guru is Perfect.	(ਪਰ ਉਸ ਦਾ ਨਾਮ) ਉਹ ਮਨੁੱਖ (ਹੀ) ਜਪਦਾ ਹੈ, ਜਿਸ ਨੂੰ ਪੂਰਾ ਗੁਰੂ (ਪ੍ਰੇਰਨਾ ਕਰਦਾ ਹੈ)।
48946	1143	ਹਰਿ ਕੀਰਤਨੁ ਤਾ ਕੋ ਆਧਾਰੁ॥		Har Keerathan Thaa Ko Aadhhaar ||	Such a person has the Kirtan of the Lord's Praises for his Support.	ਉਸ ਦੇ ਹਿਰਦੇ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਆਸਰਾ ਬਣ ਜਾਂਦੀ ਹੈ,
48947	1143	ਕਹੁ ਨਾਨਕ ਜਿਸੁ ਆਪਿ ਦਇਆਰੁ॥੪॥੧੩॥੨੬॥		Kahu Naanak Jis Aap Dhaeiaar ||4||13||26||	Says Nanak, the Lord Himself is merciful to him. ||4||13||26||	ਨਾਨਕ ਆਖਦਾ ਹੈ- ਜਿਸ ਮਨੁੱਖ ਉਤੇ ਪਰਮਾਤਮਾ ਆਪ ਦਇਆਵਾਨ ਹੁੰਦਾ ਹੈ ॥੪॥੧੩॥੨੬॥
48948	1143	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	

48949	1143	ਮੋਹਿ ਦੁਹਾਗਨਿ ਆਪਿ ਸੀਗਾਰੀ॥		Mohi Dhuhaagan Aap Seegaaree ||	I was discarded and abandoned, but He has embellished me.	ਹੇ ਸਹੇਲੀਓ! (ਮੈਂ) ਮੰਦੇ ਭਾਗਾਂ ਵਾਲੀ (ਸਾਂ) ਮੈਨੂੰ (ਖਸਮ-ਪ੍ਰਭੂ ਨੇ) ਆਪ (ਆਤਮਕ ਜੀਵਨ ਦੇ ਗਹਿਣਿਆਂ ਨਾਲ) ਸਜਾ ਲਿਆ,
48950	1143	ਰੂਪ ਰੰਗ ਦੇ ਨਾਮਿ ਸਵਾਰੀ॥		Roop Rang Dhae Naam Savaaree ||	He has blessed me with beauty and His Love; through His Name, I am exalted.	(ਮੈਨੂੰ ਸੋਹਣਾ ਆਤਮਕ) ਰੂਪ ਦੇ ਕੇ (ਸੋਹਣਾ) ਪ੍ਰੇਮ ਬਖ਼ਸ਼ ਕੇ (ਆਪਣੇ) ਨਾਮ ਵਿਚ (ਜੋੜ ਕੇ ਉਸ ਨੇ ਮੈਨੂੰ) ਸੋਹਣੇ ਆਤਮਕ ਜੀਵਨ ਵਾਲੀ ਬਣਾ ਲਿਆ।
48951	1143	ਮਿਟਿਓ ਦੁਖੁ ਅਰੁ ਸਗਲ ਸੰਤਾਪ॥		Mittiou Dhukh Ar Sagal Santhaap ||	All my pains and sorrows have been eradicated.	ਹੇ ਸਹੇਲੀਓ! (ਮੇਰੇ ਅੰਦਰੋਂ) ਦੁੱਖ ਮਿਟ ਗਿਆ ਹੈ ਸਾਰੇ ਕਲੇਸ਼ ਮਿਟ ਗਏ ਹਨ।
48952	1143	ਗੁਰ ਹੋਏ ਮੇਰੇ ਮਾਈ ਬਾਪ॥੧॥		Gur Hoeae Maerae Maaee Baap ||1||	The Guru has become my Mother and Father. ||1||	(ਇਹ ਸਾਰੀ ਮਿਹਰ ਗੁਰੂ ਨੇ ਕਰਾਈ ਹੈ, ਗੁਰੂ ਨੇ ਹੀ ਕੰਤ-ਪ੍ਰਭੂ ਨਾਲ ਮਿਲਾਇਆ ਹੈ) ਸਤਿਗੁਰੂ ਹੀ (ਮੇਰੇ ਵਾਸਤੇ) ਮੇਰੀ ਮਾਂ ਮੇਰਾ ਪਿਉ ਬਣਿਆ ਹੈ ॥੧॥
48953	1143	ਸਖੀ ਸਹੇਰੀ ਮੇਰੈ ਗ੍ਰਸਤਿ ਅਨੰਦ॥	ਗ੍ਰਸਤਿ	Sakhee Sehaeree Maerai Grasath Anandh ||	O my friends and companions, my household is in bliss.	ਹੇ ਮੇਰੀ ਸਖੀਓ! ਹੇ ਮੇਰੀ ਸਹੇਲੀਓ! ਮੇਰੇ (ਹਿਰਦੇ-) ਘਰ ਵਿਚ ਆਤਮਕ ਆਨੰਦ ਬਣ ਗਿਆ ਹੈ,
48954	1143	ਕਰਿ ਕਿਰਪਾ ਭੇਟੇ ਮੋਹਿ ਕੰਤ॥੧॥ਰਹਾਉ॥		Kar Kirapaa Bhaettae Mohi Kanth ||1|| Rehaao ||	Granting His Grace, my Husband Lord has met me. ||1||Pause||	(ਕਿਉਂਕਿ) ਮੇਰੇ ਖਸਮ (-ਪ੍ਰਭੂ) ਜੀ ਮਿਹਰ ਕਰ ਕੇ ਮੈਨੂੰ ਮਿਲ ਪਏ ਹਨ ॥੧॥ ਰਹਾਉ ॥

48955	1143	ਤਪਤਿ ਬੁਝੀ ਪੂਰਨ ਸਭ ਆਸਾ॥	ਬੁਝੀ: ਪੋਲਾ ਬੋਲੋ	Thapath Bujhee Pooran Sabh Aasaa ||	The fire of desire has been extinguished, and all my desires have been fulfilled.	ਹੇ ਸਹੇਲੀਓ! (ਹੁਣ ਮੇਰੇ ਅੰਦਰੋਂ ਤ੍ਰਿਸ਼ਨਾ-ਅੱਗ ਦੀ) ਸੜਨ ਬੁੱਝ ਗਈ ਹੈ, ਮੇਰੀ ਹਰੇਕ ਆਸ ਪੂਰੀ ਹੋ ਗਈ ਹੈ,
48956	1143	ਮਿਟੇ ਅੰਧੇਰ ਭਏ ਪਰਗਾਸਾ॥		Mittae Andhhaer Bheae Paragaasaa ||	The darkness has been dispelled, and the Divine Light blazes forth.	(ਮੇਰੇ ਅੰਦਰੋਂ ਮਾਇਆ ਦੇ ਮੋਹ ਦੇ ਸਾਰੇ) ਹਨੇਰੇ ਮਿਟ ਗਏ ਹਨ, (ਮੇਰੇ ਅੰਦਰ ਆਤਮਕ ਜੀਵਨ ਦੀ ਸੂਝ ਦਾ) ਚਾਨਣ ਹੋ ਗਿਆ ਹੈ।
48957	1143	ਅਨਹਦ ਸਬਦ ਅਚਰਜ ਬਿਸਮਾਦ॥	ਅ-ਚਰਜ	Anehadh Sabadh Acharaj Bisamaadh ||	The Unstruck Sound-current of the Shabad, the Word of God, is wondrous and amazing!	(ਹੁਣ ਇਉਂ ਹੋ ਗਿਆ ਹੈ ਜਿਵੇਂ) ਇਕ-ਰਸ ਸਾਰੇ ਸਾਜ਼ਾਂ ਦਾ ਰਾਗ (ਮੇਰੇ ਅੰਦਰ ਹੋ ਰਿਹਾ ਹੈ) (ਮੇਰੇ ਅੰਦਰ) ਅਚਰਜ ਤੇ ਹੈਰਾਨ ਕਰਨ ਵਾਲੀ (ਉੱਚੀ ਆਤਮਕ ਅਵਸਥਾ ਬਣ ਗਈ ਹੈ)।
48958	1143	ਗੁਰੁ ਪੂਰਾ ਪੂਰਾ ਪਰਸਾਦ॥੨॥		Gur Pooraa Pooraa Parasaadh ||2||	Perfect is the Grace of the Perfect Guru. ||2||	(ਹੇ ਸਹੇਲੀਓ! ਇਹ ਸਭ ਕੁਝ) ਪੂਰਾ ਗੁਰੂ ਹੀ (ਕਰਨ ਵਾਲਾ ਹੈ, ਇਹ) ਪੂਰੇ (ਗੁਰੂ ਦੀ ਹੀ) ਮਿਹਰ ਹੋਈ ਹੈ ॥੨॥
48959	1143	ਜਾ ਕਉ ਪ੍ਰਗਟ ਭਏ ਗੋਪਾਲ॥		Jaa Ko Pragatt Bheae Gopaal ||	That person, unto whom the Lord reveals Himself	ਹੇ ਸਹੇਲੀਓ! ਜਿਸ (ਸੁਭਾਗੀ) ਦੇ ਅੰਦਰ ਗੋਪਾਲ-ਪ੍ਰਭੂ ਪਰਗਟ ਹੋ ਜਾਂਦਾ ਹੈ,
48960	1143	ਤਾ ਕੈ ਦਰਸਨਿ ਸਦਾ ਨਿਹਾਲ॥		Thaa Kai Dharasan Sadhaa Nihaal ||	By the Blessed Vision of his Darshan, I am forever enraptured.	ਉਸ ਦੇ ਦਰਸਨ ਦੀ ਬਰਕਤਿ ਨਾਲ ਸਦਾ ਨਿਹਾਲ ਹੋ ਜਾਈਦਾ ਹੈ।

48961	1143	ਸਰਬ ਗੁਣਾ ਤਾ ਕੈ ਬਹੁਤੁ ਨਿਧਾਨ॥		Sarab Gunaa Thaa Kai Bahuth Nidhhaan ||	He obtains all virtues and so many treasures.	ਹੇ ਸਹੇਲੀਓ! ਉਸ ਦੇ ਹਿਰਦੇ ਵਿਚ ਸਾਰੇ (ਆਤਮਕ) ਗੁਣ ਪੈਦਾ ਹੋ ਜਾਂਦੇ ਹਨ ਉਸ ਦੇ ਅੰਦਰ (ਮਾਨੋ) ਭਾਰਾ ਖ਼ਜ਼ਾਨਾ ਇਕੱਠਾ ਹੋ ਜਾਂਦਾ ਹੈ,
48962	1143	ਜਾ ਕਉ ਸਤਿਗੁਰਿ ਦੀਓ ਨਾਮੁ॥੩॥		Jaa Ko Sathigur Dheeou Naam ||3||	The True Guru blesses him with the Naam, the Name of the Lord. ||3||	ਜਿਸ ਨੂੰ ਗੁਰੂ ਨੇ ਪਰਮਾਤਮਾ ਦਾ ਨਾਮ (-ਖ਼ਜ਼ਾਨਾ) ਦੇ ਦਿੱਤਾ ॥੩॥
48963	1143	ਜਾ ਕਉ ਭੇਟਿਓ ਠਾਕੁਰੁ ਅਪਨਾ॥		Jaa Ko Bhaettiou Thaakur Apanaa ||	That person who meets with his Lord and Master	ਹੇ ਸਹੇਲੀਓ! ਜਿਸ ਮਨੁੱਖ ਨੂੰ ਆਪਣਾ ਮਾਲਕ-ਪ੍ਰਭੂ ਮਿਲ ਪੈਂਦਾ ਹੈ,
48964	1143	ਮਨੁ ਤਨੁ ਸੀਤਲੁ ਹਰਿ ਹਰਿ ਜਪਨਾ॥		Man Than Seethal Har Har Japanaa ||	His mind and body are cooled and soothed, chanting the Name of the Lord, Har, Har.	ਪਰਮਾਤਮਾ ਦਾ ਨਾਮ ਹਰ ਵੇਲੇ ਜਪਦਿਆਂ ਉਸ ਦਾ ਮਨ ਉਸ ਦਾ ਤਨ ਠੰਢਾ-ਠਾਰ ਹੋ ਜਾਂਦਾ ਹੈ।
48965	1143	ਕਹੁ ਨਾਨਕ ਜੋ ਜਨ ਪ੍ਰਭ ਭਾਏ॥		Kahu Naanak Jo Jan Prabh Bhaaeae ||	Says Nanak, such a humble being is pleasing to God;	ਨਾਨਕ ਆਖਦਾ ਹੈ- ਜਿਹੜੇ ਮਨੁੱਖ ਪਰਮਾਤਮਾ ਨੂੰ ਪਿਆਰੇ ਲੱਗਣ ਲੱਗ ਪੈਂਦੇ ਹਨ,
48966	1143	ਤਾ ਕੀ ਰੇਨੁ ਬਿਰਲਾ ਕੋ ਪਾਏ॥੪॥੧੪॥੨੭॥		Thaa Kee Raen Biralaa Ko Paaeae ||4||14||27||	Only a rare few are blessed with the dust of his feet. ||4||14||27||	ਕੋਈ ਵਿਰਲਾ (ਵਡਭਾਗੀ) ਮਨੁੱਖ ਉਹਨਾਂ ਦੇ ਚਰਨਾਂ ਦੀ ਧੂੜ ਹਾਸਲ ਕਰਦਾ ਹੈ ॥੪॥੧੪॥੨੭॥
48967	1143	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	

48968	1143	ਚਿਤਵਤ ਪਾਪ ਨ ਆਲਕੁ ਆਵੈ॥	(ਆਲਕੁ) ਆਲਸ	Chithavath Paap N Aalak Aavai ||	The mortal does not hesitate to think about sin.	(ਕੁਰਾਹੇ ਪਿਆ ਹੋਇਆ ਮਨੁੱਖ) ਪਾਪ ਸੋਚਦਿਆਂ (ਰਤਾ ਭੀ) ਢਿੱਲ ਨਹੀਂ ਕਰਦਾ,
48969	1143	ਬੇਸੁਆ ਭਜਤ ਕਿਛੁ ਨਹ ਸਰਮਾਵੈ॥	ਭਜਤ:ਪੋਲਾ ਬੋਲੋ	Baesuaa Bhajath Kishh Neh Saramaavai ||	He is not ashamed to spend time with prostitutes.	ਵੇਸੁਆ ਦੇ ਦੁਆਰੇ ਤੇ ਜਾਣੋਂ ਭੀ ਰਤਾ ਸ਼ਰਮ ਨਹੀਂ ਕਰਦਾ।
48970	1143	ਸਾਰੋ ਦਿਨਸੁ ਮਜੂਰੀ ਕਰੈ॥		Saaro Dhinas Majooree Karai ||	He works all day long,	(ਮਾਇਆ ਦੀ ਖ਼ਾਤਰ) ਸਾਰਾ ਹੀ ਦਿਨ ਮਜ਼ੂਰੀ ਕਰ ਸਕਦਾ ਹੈ,
48971	1143	ਹਰਿ ਸਿਮਰਨ ਕੀ ਵੇਲਾ ਬਜਰ ਸਿਰਿ ਪਰੈ॥੧॥	ਵੇਲਾ: ਪੋਲਾ ਬੋਲੋ। ਬੱਜਰ	Har Simaran Kee Vaelaa Bajar Sir Parai ||1||	But when it is time to remember the Lord, then a heavy stone falls on his head. ||1||	ਪਰ ਜਦੋਂ ਪਰਮਾਤਮਾ ਦੇ ਸਿਮਰਨ ਦਾ ਵੇਲਾ ਹੁੰਦਾ ਹੈ (ਤਦੋਂ ਇਉਂ ਹੁੰਦਾ ਹੈ ਜਿਵੇਂ ਇਸ ਦੇ) ਸਿਰ ਉਤੇ ਬਿਜਲੀ ਪੈ ਜਾਂਦੀ ਹੈ ॥੧॥
48972	1143	ਮਾਇਆ ਲਗਿ ਭੂਲੋ ਸੰਸਾਰੁ॥	ਲੱਗਿ	Maaeiaa Lag Bhoolo Sansaar ||	Attached to Maya, the world is deluded and confused.	ਜਗਤ ਮਾਇਆ ਦੇ ਮੋਹ ਵਿਚ ਫਸ ਕੇ ਕੁਰਾਹੇ ਪਿਆ ਰਹਿੰਦਾ ਹੈ।
48973	1143	ਆਪਿ ਭੁਲਾਇਆ ਭੁਲਾਵਣਹਾਰੈ ਰਾਚਿ ਰਹਿਆ ਬਿਰਥਾ ਬਿਉਹਾਰ॥੧॥ਰਹਾਉ ॥		Aap Bhulaaeiaa Bhulaavanehaarai Raach Rehiaa Birathhaa Biouhaar ||1|| Rehaao ||	The Deluder Himself has deluded the mortal, and now he is engrossed in worthless worldly affairs. ||1||Pause||	(ਪਰ ਜਗਤ ਦੇ ਭੀ ਕੀਹ ਵੱਸ?) ਕੁਰਾਹੇ ਪਾ ਸਕਣ ਵਾਲੇ ਪਰਮਾਤਮਾ ਨੇ ਆਪ (ਹੀ ਜਗਤ ਨੂੰ) ਕੁਰਾਹੇ ਪਾਇਆ ਹੋਇਆ ਹੈ (ਇਸ ਵਾਸਤੇ ਜਗਤ) ਵਿਅਰਥ ਵਿਹਾਰਾਂ ਵਿਚ ਹੀ ਮਗਨ ਰਹਿੰਦਾ ਹੈ ॥੧॥ ਰਹਾਉ ॥

48974	1143	ਪੇਖਤ ਮਾਇਆ ਰੰਗਿ ਬਿਹਾਇ॥		Paekhath Maaeiaa Rang Bihaae ||	Gazing on Maya's illusion, its pleasures pass away.	ਮਾਇਆ ਦੇ ਚੋਜ-ਤਮਾਸ਼ੇ ਵੇਖਦਿਆਂ ਹੀ (ਕੁਰਾਹੇ ਪਏ ਮਨੁੱਖ ਦੀ ਉਮਰ) ਬੀਤ ਜਾਂਦੀ ਹੈ,
48975	1143	ਗੜਬੜ ਕਰੈ ਕਉਡੀ ਰੰਗੁ ਲਾਇ॥		Garrabarr Karai Kouddee Rang Laae ||	He loves the shell, and ruins his life.	ਤੁੱਛ ਜਿਹੀ ਮਾਇਆ ਵਿਚ ਪਿਆਰ ਪਾ ਕੇ (ਰੋਜ਼ਾਨਾ ਕਾਰ-ਵਿਹਾਰ ਵਿਚ ਭੀ) ਹੇਰਾ-ਵੇਰੀ ਕਰਦਾ ਰਹਿੰਦਾ ਹੈ।
48976	1143	ਅੰਧ ਬਿਉਹਾਰ ਬੰਧ ਮਨੁ ਧਾਵੈ॥		Andhh Biouhaar Bandhh Man Dhhaavai ||	Bound to blind worldly affairs, his mind wavers and wanders.	ਮਾਇਆ ਦੇ ਮੋਹ ਵਿਚ ਅੰਨ੍ਹਾ ਕਰ ਦੇਣ ਵਾਲੇ ਕਾਰ-ਵਿਹਾਰ ਦੇ ਬੰਧਨਾਂ ਵਲ (ਕੁਰਾਹੇ ਪਏ ਮਨੁੱਖ ਦਾ) ਮਨ ਦੌੜਦਾ ਰਹਿੰਦਾ ਹੈ,
48977	1143	ਕਰਣੈਹਾਰੁ ਨ ਜੀਅ ਮਹਿ ਆਵੈ॥੨॥		Karanaihaar N Jeea Mehi Aavai ||2||	The Creator Lord does not come into his mind. ||2||	ਪਰ ਪੈਦਾ ਕਰਨ ਵਾਲਾ ਪਰਮਾਤਮਾ ਇਸ ਦੇ ਹਿਰਦੇ ਵਿਚ ਨਹੀਂ ਯਾਦ ਆਉਂਦਾ ॥੨॥
48978	1143	ਕਰਤ ਕਰਤ ਇਵ ਹੀ ਦੁਖੁ ਪਾਇਆ॥		Karath Karath Eiv Hee Dhukh Paaeiaa ||	Working and working like this, he only obtains pain,	(ਕੁਰਾਹੇ ਪਿਆ ਮਨੁੱਖ) ਇਸੇ ਤਰ੍ਹਾਂ ਕਰਦਿਆਂ ਕਰਦਿਆਂ ਦੁੱਖ ਭੋਗਦਾ ਹੈ,
48979	1143	ਪੂਰਨ ਹੋਤ ਨ ਕਾਰਜ ਮਾਇਆ॥		Pooran Hoth N Kaaraj Maaeiaa ||	And his affairs of Maya are never completed.	ਮਾਇਆ ਵਾਲੇ (ਇਸ ਦੇ) ਕੰਮ ਕਦੇ ਮੁੱਕਦੇ ਹੀ ਨਹੀਂ।
48980	1143	ਕਾਮਿ ਕ੍ਰੋਧਿ ਲੋਭਿ ਮਨੁ ਲੀਨਾ॥		Kaam Krodhh Lobh Man Leenaa ||	His mind is saturated with sexual desire, anger and greed.	ਕਾਮ-ਵਾਸਨਾ ਵਿਚ, ਕ੍ਰੋਧ ਵਿਚ, ਲੋਭ ਵਿਚ (ਇਸ ਦਾ) ਮਨ ਡੁੱਬਾ ਰਹਿੰਦਾ ਹੈ;

48981	1143	ਤੜਫਿ ਮੂਆ ਜਿਉ ਜਲ ਬਿਨੁ ਮੀਨਾ॥੩॥		Tharraf Mooaa Jio Jal Bin Meenaa ||3||	Wiggling like a fish out of water, he dies. ||3||	ਜਿਵੇਂ ਮੱਛੀ ਪਾਣੀ ਤੋਂ ਬਿਨਾ ਤੜਫ ਮਰਦੀ ਹੈ, ਤਿਵੇਂ ਨਾਮ ਤੋਂ ਬਿਨਾ ਵਿਕਾਰਾਂ ਵਿਚ ਲੁਛ ਲੁਛ ਕੇ ਇਹ ਆਤਮਕ ਮੌਤ ਸਹੇੜ ਲੈਂਦਾ ਹੈ ॥੩॥
48982	1143	ਜਿਸ ਕੇ ਰਾਖੇ ਹੋਇ ਹਰਿ ਆਪਿ॥		Jis Kae Raakhae Hoe Har Aap ||	One who has the Lord Himself as his Protector,	ਪਰ, ਪ੍ਰਭੂ ਜੀ ਆਪ ਜਿਸ ਮਨੁੱਖ ਦੇ ਰਖਵਾਲੇ ਬਣ ਗਏ,
48983	1143	ਹਰਿ ਹਰਿ ਨਾਮੁ ਸਦਾ ਜਪੁ ਜਾਪਿ॥		Har Har Naam Sadhaa Jap Jaap ||	Chants and meditates forever on the Name of the Lord, Har, Har.	ਉਹ ਮਨੁੱਖ ਸਦਾ ਹੀ ਪ੍ਰਭੂ ਦਾ ਨਾਮ ਜਪਦਾ ਹੈ।
48984	1143	ਸਾਧਸੰਗਿ ਹਰਿ ਕੇ ਗੁਣ ਗਾਇਆ॥		Saadhhasang Har Kae Gun Gaaeiaa ||	In the Saadh Sangat, the Company of the Holy, he chants the Glorious Praises of the Lord.	ਉਹ ਮਨੁੱਖ ਸਾਧ ਸੰਗਤ ਵਿਚ ਰਹਿ ਕੇ ਪਰਮਾਤਮਾ ਦੇ ਗੁਣ ਗਾਂਦਾ ਹੈ,
48985	1143	ਨਾਨਕ ਸਤਿਗੁਰੁ ਪੂਰਾ ਪਾਇਆ॥੪॥੧੫॥੨੮॥		Naanak Sathigur Pooraa Paaeiaa ||4||15||28||	O Nanak, he has found the Perfect True Guru. ||4||15||28||	ਹੇ ਨਾਨਕ! ਜਿਸ ਨੂੰ (ਪ੍ਰਭੂ ਦੀ ਕਿਰਪਾ ਨਾਲ) ਪੂਰਾ ਗੁਰੂ ਮਿਲ ਪੈਂਦਾ ਹੈ ॥੪॥੧੫॥੨੮॥
48986	1143	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	

48987	1143	ਅਪਣੀ ਦਇਆ ਕਰੇ ਸੋ ਪਾਏ॥		Apanee Dhaeiaa Karae So Paaeae ||	He alone obtains it, unto whom the Lord shows Mercy.	(ਜਿਸ ਮਨੁੱਖ ਉੱਤੇ) ਪਰਮਾਤਮਾ ਆਪਣੀ ਮਿਹਰ ਕਰਦਾ ਹੈ, ਉਹ ਮਨੁੱਖ (ਹਰਿ-ਨਾਮ ਦਾ ਸਿਮਰਨ) ਪ੍ਰਾਪਤ ਕਰ ਲੈਂਦਾ ਹੈ,
48988	1143	ਹਰਿ ਕਾ ਨਾਮੁ ਮੰਨਿ ਵਸਾਏ॥		Har Kaa Naam Mann Vasaaeae ||	He enshrines the Name of the Lord in his mind.	ਉਹ ਮਨੁੱਖ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾ ਲੈਂਦਾ ਹੈ,
48989	1143	ਸਾਚ ਸਬਦੁ ਹਿਰਦੇ ਮਨ ਮਾਹਿ॥		Saach Sabadh Hiradhae Man Maahi ||	With the True Word of the Shabad in his heart and mind,	ਉਹ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਸ਼ਬਦ ਆਪਣੇ ਹਿਰਦੇ ਵਿਚ ਆਪਣੇ ਮਨ ਵਿਚ ਟਿਕਾਈ ਰੱਖਦਾ ਹੈ,
48990	1143	ਜਨਮ ਜਨਮ ਕੇ ਕਿਲਵਿਖ ਜਾਹਿ॥੧॥		Janam Janam Kae Kilavikh Jaahi ||1||	The sins of countless incarnations vanish. ||1||	(ਜਿਸ ਦੀ ਬਰਕਤਿ ਨਾਲ ਮਨੁੱਖ ਦੇ) ਅਨੇਕਾਂ ਜਨਮਾਂ ਦੇ ਪਾਪ ਦੂਰ ਹੋ ਜਾਂਦੇ ਹਨ ॥੧॥
48991	1143	ਰਾਮ ਨਾਮੁ ਜੀਅ ਕੋ ਆਧਾਰੁ॥		Raam Naam Jeea Ko Aadhhaar ||	The Lord's Name is the Support of the soul.	ਹੇ ਭਾਈ! ਪਰਮਾਤਮਾ ਦਾ ਨਾਮ (ਮਨੁੱਖ ਦੀ) ਜਿੰਦ ਦਾ ਆਸਰਾ ਹੈ।
48992	1143	ਗੁਰ ਪਰਸਾਦਿ ਜਪਹੁ ਨਿਤ ਭਾਈ ਤਾਰਿ ਲਏ ਸਾਗਰ ਸੰਸਾਰੁ ॥੧॥ਰਹਾਉ॥		Gur Parasaadh Japahu Nith Bhaaee Thaar Leae Saagar Sansaar ||1|| Rehaao ||	By Guru's Grace, chant the Name continually, O Siblings of Destiny; It shall carry you across the world-ocean. ||1||Pause||	(ਇਸ ਵਾਸਤੇ) ਗੁਰੂ ਦੀ ਕਿਰਪਾ ਨਾਲ (ਇਹ ਨਾਮ) ਸਦਾ ਜਪਿਆ ਕਰੋ, (ਪ੍ਰਭੂ ਦਾ ਨਾਮ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ॥੧॥ ਰਹਾਉ ॥

48993	1143	ਜਿਨ ਕਉ ਲਿਖਿਆ ਹਰਿ ਏਹੁ ਨਿਧਾਨੁ॥		Jin Ko Likhiaa Har Eaehu Nidhhaan ||	Those who have this treasure of the Lord's Name written in their destiny,	ਜਿਨ੍ਹਾਂ ਮਨੁੱਖਾਂ ਦੇ ਮੱਥੇ ਉੱਤੇ ਪਰਮਾਤਮਾ ਨੇ ਇਸ ਨਾਮ-ਖ਼ਜ਼ਾਨੇ ਦੀ ਪ੍ਰਾਪਤੀ ਲਿਖੀ ਹੁੰਦੀ ਹੈ,
48994	1143	ਸੇ ਜਨ ਦਰਗਹ ਪਾਵਹਿ ਮਾਨੁ॥		Sae Jan Dharageh Paavehi Maan ||	Those humble beings are honored in the Court of the Lord.	ਉਹ ਮਨੁੱਖ (ਨਾਮ ਜਪ ਕੇ) ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਪਾਂਦੇ ਹਨ।
48995	1143	ਸੂਖ ਸਹਜ ਆਨੰਦ ਗੁਣ ਗਾਉ॥		Sookh Sehaj Aanandh Gun Gaao ||	Singing His Glorious Praises with peace, poise and bliss,	ਪਰਮਾਤਮਾ ਦੇ ਗੁਣ ਗਾਇਆ ਕਰੋ,
48996	1143	ਆਗੈ ਮਿਲੈ ਨਿਥਾਵੇ ਥਾਉ॥੨॥		Aagai Milai Nithhaavae Thhaao ||2||	Even the homeless obtain a home hereafter. ||2||	(ਗੁਣ ਗਾਵਣ ਦੀ ਬਰਕਤਿ ਨਾਲ) ਆਤਮਕ ਅਡੋਲਤਾ ਦੇ ਸੁਖ ਆਨੰਦ (ਪ੍ਰਾਪਤ ਹੁੰਦੇ ਹਨ), (ਜਿਸ ਮਨੁੱਖ ਨੂੰ ਜਗਤ ਵਿਚ) ਕੋਈ ਜੀਵ ਭੀ ਸਹਾਰਾ ਨਹੀਂ ਦੇਂਦਾ, ਉਸ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਥਾਂ ਮਿਲਦੀ ਹੈ ॥੨॥
48997	1143	ਜੁਗਹ ਜੁਗੰਤਰਿ ਇਹੁ ਤਤੁ ਸਾਰੁ॥	ਜੁੱਗਹ। ਜੁੱਗੰਤਰਿ	Jugeh Juganthar Eihu Thath Saar ||	Throughout the ages, this has been the essence of reality.	(ਜੁਗ ਕੋਈ ਭੀ ਹੋਵੇ) ਹਰੇਕ ਜੁਗ ਵਿਚ (ਨਾਮ-ਸਿਮਰਨ ਹੀ ਜੀਵਨ-ਜੁਗਤਿ ਦਾ) ਤੱਤ ਹੈ ਨਿਚੋੜ ਹੈ।
48998	1143	ਹਰਿ ਸਿਮਰਣੁ ਸਾਚਾ ਬੀਚਾਰੁ॥		Har Simaran Saachaa Beechaar ||	Meditate in remembrance on the Lord, and contemplate the Truth.	ਪਰਮਾਤਮਾ ਦਾ ਸਿਮਰਨ ਹੀ (ਆਤਮਕ ਜੀਵਨ ਜੀਊਣ ਦੀ) ਸਹੀ ਵਿਚਾਰ ਹੈ।

48999	1144	ਜਿਸੁ ਲੜਿ ਲਾਇ ਲਏ ਸੋ ਲਾਗੈ॥		Jis Larr Laae Leae So Laagai ||	He alone is attached to the hem of the Lord's robe, whom the Lord Himself attaches.	ਪਰ, ਜਿਸ ਮਨੁੱਖ ਨੂੰ ਪਰਮਾਤਮਾ ਆਪ ਆਪਣੇ ਲੜ ਲਾ ਲੈਂਦਾ ਹੈ, ਉਹੀ ਲੱਗਦਾ ਹੈ,
49000	1144	ਜਨਮ ਜਨਮ ਕਾ ਸੋਇਆ ਜਾਗੈ॥੩॥		Janam Janam Kaa Soeiaa Jaagai ||3||	Asleep for countless incarnations, he now awakens. ||3||	ਉਹੀ ਮਨੁੱਖ (ਮਾਇਆ ਦੇ ਮੋਹ ਦੀ ਨੀਂਦ ਵਿਚ) ਅਨੇਕਾਂ ਜਨਮਾਂ ਦਾ ਸੁੱਤਾ ਹੋਇਆ ਜਾਗ ਪੈਂਦਾ ਹੈ ॥੩॥
49001	1144	ਤੇਰੇ ਭਗਤ ਭਗਤਨ ਕਾ ਆਪਿ॥		Thaerae Bhagath Bhagathan Kaa Aap ||	Your devotees belong to You, and You belong to Your devotees.	ਹੇ ਪ੍ਰਭੂ! ਤੇਰੇ ਭਗਤ (ਤੇਰੇ ਸਹਾਰੇ ਹਨ), ਤੂੰ ਆਪ ਆਪਣੇ ਭਗਤਾਂ ਦਾ (ਸਦਾ ਰਾਖਾ ਹੈਂ)।
49002	1144	ਅਪਣੀ ਮਹਿਮਾ ਆਪੇ ਜਾਪਿ॥		Apanee Mehimaa Aapae Jaap ||	You Yourself inspire them to chant Your Praises.	(ਭਗਤਾਂ ਵਿਚ ਬੈਠ ਕੇ) ਤੂੰ ਆਪ ਹੀ ਆਪਣੀ ਵਡਿਆਈ ਕਰਦਾ ਹੈਂ।
49003	1144	ਜੀਅ ਜੰਤ ਸਭਿ ਤੇਰੈ ਹਾਥਿ॥		Jeea Janth Sabh Thaerai Haathh ||	All beings and creatures are in Your Hands.	ਸਾਰੇ ਹੀ ਜੀਅ ਜੰਤ ਤੇਰੇ ਵੱਸ ਵਿਚ ਹਨ,
49004	1144	ਨਾਨਕ ਕੇ ਪ੍ਰਭ ਸਦ ਹੀ ਸਾਥਿ॥੪॥੧੬॥੨੯॥		Naanak Kae Prabh Sadh Hee Saathh ||4||16||29||	Nanak's God is always with him. ||4||16||29||	ਹੇ ਨਾਨਕ ਦੇ ਪ੍ਰਭੂ! ਤੂੰ ਸਭ ਜੀਵਾਂ ਦੇ ਸਦਾ ਅੰਗ-ਸੰਗ ਰਹਿੰਦਾ ਹੈਂ ॥੪॥੧੬॥੨੯॥
49005	1144	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	

49006	1144	ਨਾਮੁ ਹਮਾਰੈ ਅੰਤਰਜਾਮੀ॥		Naam Hamaarai Antharajaamee ||	The Naam, the Name of the Lord, is the Inner-knower of my heart.	ਸਭ ਦੇ ਦਿਲ ਦੀ ਜਾਣਨ ਵਾਲੇ ਹਰੀ ਦਾ ਨਾਮ ਮੇਰੇ ਹਿਰਦੇ ਵਿਚ ਵੱਸ ਰਿਹਾ ਹੈ,
49007	1144	ਨਾਮੁ ਹਮਾਰੈ ਆਵੈ ਕਾਮੀ॥		Naam Hamaarai Aavai Kaamee ||	The Naam is so useful to me.	ਹਰਿ-ਨਾਮ ਮੇਰੇ ਸਾਰੇ ਕੰਮ ਸਵਾਰ ਰਿਹਾ ਹੈ,
49008	1144	ਰੋਮਿ ਰੋਮਿ ਰਵਿਆ ਹਰਿ ਨਾਮੁ॥		Rom Rom Raviaa Har Naam ||	The Lord's Name permeates each and every hair of mine.	(ਗੁਰੂ ਦੀ ਕਿਰਪਾ ਨਾਲ) ਹਰਿ-ਨਾਮ ਮੇਰੇ ਰੋਮ ਰੋਮ ਵਿਚ ਵੱਸ ਪਿਆ ਹੈ,
49009	1144	ਸਤਿਗੁਰ ਪੂਰੈ ਕੀਨੋ ਦਾਨੁ॥੧॥		Sathigur Poorai Keeno Dhaan ||1||	The Perfect True Guru has given me this gift. ||1||	ਪੂਰੇ ਗੁਰੂ ਨੇ ਮੈਨੂੰ (ਹਰਿ-ਨਾਮ ਰਤਨ ਦਾ) ਦਾਨ ਦਿੱਤਾ ਹੈ ॥੧॥
49010	1144	ਨਾਮੁ ਰਤਨੁ ਮੇਰੈ ਭੰਡਾਰ॥		Naam Rathan Maerai Bhanddaar ||	The Jewel of the Naam is my treasure.	(ਪੂਰੇ ਗੁਰੂ ਦੀ ਕਿਰਪਾ ਨਾਲ) ਕੀਮਤੀ ਨਾਮ ਮੇਰੇ ਹਿਰਦੇ ਵਿਚ ਆ ਵੱਸਿਆ ਹੈ,
49011	1144	ਅਗਮ ਅਮੋਲਾ ਅਪਰ ਅਪਾਰ॥੧॥ਰਹਾਉ॥		Agam Amolaa Apar Apaar ||1|| Rehaao ||	It is inaccessible, priceless, infinite and incomparable. ||1||Pause||	ਅਪਹੁੰਚ ਤੇ ਬੇਅੰਤ ਪਰਮਾਤਮਾ ਦਾ ਨਾਮ ਐਸਾ ਖ਼ਜ਼ਾਨਾ ਹੈ ਜੋ ਕਿਸੇ ਕੀਮਤ ਤੋਂ ਨਹੀਂ ਮਿਲ ਸਕਦਾ ॥੧॥ ਰਹਾਉ ॥
49012	1144	ਨਾਮੁ ਹਮਾਰੈ ਨਿਹਚਲ ਧਨੀ॥		Naam Hamaarai Nihachal Dhhanee ||	The Naam is my unmoving, unchanging Lord and Master.	ਹੁਣ ਪਰਮਾਤਮਾ ਦਾ ਨਾਮ ਹੀ (ਮੇਰੇ ਸਿਰ ਉਤੇ) ਸਦਾ ਕਾਇਮ ਰਹਿਣ ਵਾਲਾ ਮਾਲਕ ਹੈ।

49013	1144	ਨਾਮ ਕੀ ਮਹਿਮਾ ਸਭ ਮਹਿ ਬਨੀ॥		Naam Kee Mehimaa Sabh Mehi Banee ||	The glory of the Naam spreads over the whole world.	ਹਰਿ-ਨਾਮ ਦੀ ਵਡਿਆਈ ਹੀ ਸਭ ਜੀਵਾਂ ਦੇ ਅੰਦਰ ਸੋਭ ਰਹੀ ਹੈ।
49014	1144	ਨਾਮੁ ਹਮਾਰੈ ਪੂਰਾ ਸਾਹੁ॥		Naam Hamaarai Pooraa Saahu ||	The Naam is my perfect master of wealth.	ਹੁਣ ਪਰਮਾਤਮਾ ਦਾ ਨਾਮ ਹੀ (ਮੇਰੇ ਵਾਸਤੇ ਉਹ) ਸ਼ਾਹ ਹੈ ਜਿਸ ਦੇ ਘਰ ਵਿਚ ਕੋਈ ਕਮੀ ਨਹੀਂ,
49015	1144	ਨਾਮੁ ਹਮਾਰੈ ਬੇਪਰਵਾਹੁ॥੨॥		Naam Hamaarai Baeparavaahu ||2||	The Naam is my independence. ||2||	ਹਰਿ-ਨਾਮ ਹੀ (ਮੇਰੇ ਸਿਰ ਉਤੇ ਉਹ) ਮਾਲਕ ਹੈ ਜਿਸ ਨੂੰ ਕਿਸੇ ਦੀ ਮੁਥਾਜੀ ਨਹੀਂ ॥੨॥
49016	1144	ਨਾਮੁ ਹਮਾਰੈ ਭੋਜਨ ਭਾਉ॥		Naam Hamaarai Bhojan Bhaao ||	The Naam is my food and love.	(ਜਦੋਂ ਤੋਂ ਪੂਰੇ ਗੁਰੂ ਨੇ ਮੈਨੂੰ ਨਾਮ ਦਾ ਦਾਨ ਦਿੱਤਾ ਹੈ, ਤਦੋਂ ਤੋਂ) ਪਰਮਾਤਮਾ ਦਾ ਨਾਮ ਪਰਮਾਤਮਾ ਦੇ ਨਾਮ ਦਾ ਪਿਆਰ ਹੀ ਮੇਰੀ ਆਤਮਕ ਖ਼ੁਰਾਕ ਬਣ ਗਈ ਹੈ।
49017	1144	ਨਾਮੁ ਹਮਾਰੈ ਮਨ ਕਾ ਸੁਆਉ॥		Naam Hamaarai Man Kaa Suaao ||	The Naam is the objective of my mind.	ਹਰਿ-ਨਾਮ ਮੇਰੇ ਮਨ ਦੀ ਹਰ ਵੇਲੇ ਦੀ ਮੰਗ ਹੋ ਗਈ ਹੈ।
49018	1144	ਨਾਮੁ ਨ ਵਿਸਰੈ ਸੰਤ ਪ੍ਰਸਾਦਿ॥		Naam N Visarai Santh Prasaadh ||	By the Grace of the Saints, I never forget the Naam.	ਗੁਰੂ-ਸੰਤ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ ਮੈਨੂੰ ਕਦੇ ਨਹੀਂ ਭੁੱਲਦਾ।
49019	1144	ਨਾਮੁ ਲੈਤ ਅਨਹਦ ਪੂਰੇ ਨਾਦ॥੩॥		Naam Laith Anehadh Poorae Naadh ||3||	Repeating the Naam, the Unstruck Sound-current of the Naad resounds. ||3||	ਨਾਮ ਜਪਦਿਆਂ (ਅੰਤਰ ਆਤਮੇ ਇਉਂ ਪ੍ਰਤੀਤ ਹੁੰਦਾ ਹੈ ਕਿ) ਸਾਰੇ ਸੰਗੀਤਕ ਸਾਜ਼ ਇਕ-ਰਸ ਵੱਜਣ ਲੱਗ ਪਏ ਹਨ ॥੩॥

49020	1144	ਪ੍ਰਭ ਕਿਰਪਾ ਤੇ ਨਾਮੁ ਨਉ ਨਿਧਿ ਪਾਈ॥		Prabh Kirapaa Thae Naam No Nidhh Paaee ||	By God's Grace, I have obtained the nine treasures of the Naam.	ਪਰਮਾਤਮਾ ਦੀ ਕਿਰਪਾ ਨਾਲ ਮੈਨੂੰ (ਉਸ ਦਾ) ਨਾਮ ਮਿਲ ਗਿਆ ਹੈ (ਜੋ ਮੇਰੇ ਲਈ, ਮਾਨੋ, ਧਰਤੀ ਦੇ ਸਾਰੇ) ਨੌ ਖ਼ਜ਼ਾਨੇ ਹੈ।
49021	1144	ਗੁਰ ਕਿਰਪਾ ਤੇ ਨਾਮ ਸਿਉ ਬਨਿ ਆਈ॥		Gur Kirapaa Thae Naam Sio Ban Aaee ||	By Guru's Grace, I am tuned in to the Naam.	ਗੁਰੂ ਦੀ ਕਿਰਪਾ ਨਾਲ ਮੇਰਾ ਪਿਆਰ ਪਰਮਾਤਮਾ ਦੇ ਨਾਮ ਨਾਲ ਬਣ ਗਿਆ ਹੈ।
49022	1144	ਧਨਵੰਤੇ ਸੇਈ ਪਰਧਾਨ॥		Dhhanavanthae Saeee Paradhhaan ||	They alone are wealthy and supreme,	ਉਹੀ ਮਨੁੱਖ (ਅਸਲ) ਧਨਾਢ ਹਨ, ਉਹੀ (ਲੋਕ ਪਰਲੋਕ ਵਿਚ) ਤੁਰਨੇ-ਸਿਰ ਮਨੁੱਖ ਹਨ,
49023	1144	ਨਾਨਕ ਜਾ ਕੈ ਨਾਮੁ ਨਿਧਾਨ॥੪॥੧੭॥੩੦॥		Naanak Jaa Kai Naam Nidhhaan ||4||17||30||	O Nanak, who have the treasure of the Naam. ||4||17||30||	ਹੇ ਨਾਨਕ! ਜਿਨ੍ਹਾਂ ਦੇ ਹਿਰਦੇ ਵਿਚ ਨਾਮ-ਖ਼ਜ਼ਾਨਾ (ਆ ਵੱਸਦਾ ਹੈ) ॥੪॥੧੭॥੩੦॥
49024	1144	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49025	1144	ਤੂ ਮੇਰਾ ਪਿਤਾ ਤੂਹੈ ਮੇਰਾ ਮਾਤਾ॥		Thoo Maeraa Pithaa Thoohai Maeraa Maathaa ||	You are my Father, and You are my Mother.	ਹੇ ਪ੍ਰਭੂ! ਮੇਰੇ ਵਾਸਤੇ ਤੂੰ ਹੀ ਪਿਤਾ ਹੈਂ, ਮੇਰੇ ਵਾਸਤੇ ਤੂੰ ਹੀ ਮਾਂ ਹੈਂ।
49026	1144	ਤੂ ਮੇਰੇ ਜੀਅ ਪ੍ਰਾਨ ਸੁਖਦਾਤਾ॥		Thoo Maerae Jeea Praan Sukhadhaathaa ||	You are my Soul, my Breath of Life, the Giver of Peace.	ਤੂੰ ਹੀ ਮੈਨੂੰ ਜਿੰਦ ਦੇਣ ਵਾਲਾ ਹੈਂ, ਤੂੰ ਹੀ ਮੈਨੂੰ ਪ੍ਰਾਣ ਦੇਣ ਵਾਲਾ ਹੈਂ, ਤੂੰ ਹੀ ਮੈਨੂੰ ਸਾਰੇ ਸੁਖ ਦੇਣ ਵਾਲਾ ਹੈਂ।

49027	1144	ਤੂ ਮੇਰਾ ਠਾਕੁਰੁ ਹਉ ਦਾਸੁ ਤੇਰਾ॥		Thoo Maeraa Thaakur Ho Dhaas Thaeraa ||	You are my Lord and Master; I am Your slave.	ਤੂੰ ਮੇਰਾ ਮਾਲਕ ਹੈਂ, ਮੈਂ ਤੇਰਾ ਸੇਵਕ ਹਾਂ।
49028	1144	ਤੁਝ ਬਿਨੁ ਅਵਰੁ ਨਹੀ ਕੋ ਮੇਰਾ॥੧॥		Thujh Bin Avar Nehee Ko Maeraa ||1||	Without You, I have no one at all. ||1||	ਤੈਥੋਂ ਬਿਨਾ ਹੋਰ ਕੋਈ ਮੇਰਾ (ਆਸਰਾ) ਨਹੀਂ ਹੈ ॥੧॥
49029	1144	ਕਰਿ ਕਿਰਪਾ ਕਰਹੁ ਪ੍ਰਭ ਦਾਤਿ॥		Kar Kirapaa Karahu Prabh Dhaath ||	Please bless me with Your Mercy, God, and give me this gift,	ਹੇ ਪ੍ਰਭੂ! ਮਿਹਰ ਕਰ ਕੇ (ਮੈਨੂੰ ਇਹ) ਦਾਤ ਬਖ਼ਸ਼,
49030	1144	ਤੁਮ੍ਰੀ ਉਸਤਤਿ ਕਰਉ ਦਿਨ ਰਾਤਿ॥੧॥ਰਹਾਉ॥		Thumharee Ousathath Karo Dhin Raath ||1|| Rehaao ||	That I may sing Your Praises, day and night. ||1||Pause||	(ਕਿ) ਮੈਂ ਦਿਨ ਰਾਤ ਤੇਰੀ ਸਿਫ਼ਤ-ਸਾਲਾਹ ਕਰਦਾ ਰਹਾਂ ॥੧॥ ਰਹਾਉ ॥
49031	1144	ਹਮ ਤੇਰੇ ਜੰਤ ਤੂ ਬਜਾਵਨਹਾਰਾ॥		Ham Thaerae Janth Thoo Bajaavanehaaraa ||	I am Your musical instrument, and You are the Musician.	ਹੇ ਪ੍ਰਭੂ! ਅਸੀਂ ਜੀਵ ਤੇਰੇ (ਸੰਗੀਤਕ) ਸਾਜ਼ ਹਾਂ, ਤੂੰ (ਇਹਨਾਂ ਸਾਜ਼ਾਂ ਨੂੰ) ਵਜਾਣ ਵਾਲਾ ਹੈਂ।
49032	1144	ਹਮ ਤੇਰੇ ਭਿਖਾਰੀ ਦਾਨੁ ਦੇਹਿ ਦਾਤਾਰਾ॥		Ham Thaerae Bhikhaaree Dhaan Dhaehi Dhaathaaraa ||	I am Your beggar; please bless me with Your charity, O Great Giver.	ਹੇ ਦਾਤਾਰ! ਅਸੀਂ ਤੇਰੇ (ਦਰ ਦੇ) ਮੰਗਤੇ ਹਾਂ, ਤੂੰ ਸਾਨੂੰ ਦਾਨ ਦੇਂਦਾ ਹੈਂ।
49033	1144	ਤਉ ਪਰਸਾਦਿ ਰੰਗ ਰਸ ਮਾਣੇ॥		Tho Parasaadh Rang Ras Maanae ||	By Your Grace, I enjoy love and pleasures.	ਤੇਰੀ ਮਿਹਰ ਨਾਲ ਹੀ ਅਸੀਂ (ਬੇਅੰਤ) ਰੰਗ ਰਸ ਮਾਣਦੇ ਆ ਰਹੇ ਹਾਂ।
49034	1144	ਘਟ ਘਟ ਅੰਤਰਿ ਤੁਮਹਿ ਸਮਾਣੇ॥੨॥		Ghatt Ghatt Anthar Thumehi Samaanae ||2||	You are deep within each and every heart. ||2||	ਹੇ ਪ੍ਰਭੂ! ਹਰੇਕ ਸਰੀਰ ਵਿਚ ਤੂੰ ਹੀ ਮੌਜੂਦ ਹੈਂ ॥੨॥

49035	1144	ਤੁਮ੍ਰੀ ਕ੍ਰਿਪਾ ਤੇ ਜਪੀਐ ਨਾਉ॥		Thumharee Kirapaa Thae Japeeai Naao ||	By Your Grace, I chant the Name.	ਹੇ ਪ੍ਰਭੂ! ਤੇਰੀ ਮਿਹਰ ਨਾਲ (ਹੀ) ਤੇਰਾ ਨਾਮ ਜਪਿਆ ਜਾ ਸਕਦਾ ਹੈ,
49036	1144	ਸਾਧਸੰਗਿ ਤੁਮਰੇ ਗੁਣ ਗਾਉ॥		Saadhhasang Thumarae Gun Gaao ||	In the Saadh Sangat, the Company of the Holy, I sing Your Glorious Praises.	(ਮਿਹਰ ਕਰ ਕਿ) ਮੈਂ ਸਾਧ ਸੰਗਤ ਵਿਚ ਟਿਕ ਕੇ ਤੇਰੇ ਗੁਣ ਗਾਂਦਾ ਰਹਾਂ।
49037	1144	ਤੁਮ੍ਰੀ ਦਇਆ ਤੇ ਹੋਇ ਦਰਦ ਬਿਨਾਸੁ॥		Thumharee Dhaeiaa Thae Hoe Dharadh Binaas ||	In Your Mercy, You take away our pains.	ਹੇ ਪ੍ਰਭੂ! ਤੇਰੀ ਮਿਹਰ ਨਾਲ (ਹੀ) ਮੇਰੇ ਹਰੇਕ ਦਰਦ ਦਾ ਨਾਸ ਹੁੰਦਾ ਹੈ,
49038	1144	ਤੁਮਰੀ ਮਇਆ ਤੇ ਕਮਲ ਬਿਗਾਸੁ॥੩॥		Thumaree Maeiaa Thae Kamal Bigaas ||3||	By Your Mercy, the heart-lotus blossoms forth. ||3||	ਤੇਰੀ ਮਿਹਰ ਨਾਲ (ਹੀ) ਮੇਰੇ ਹਿਰਦੇ-ਕੌਲ ਦਾ ਖਿੜਾਉ ਹੁੰਦਾ ਹੈ ॥੩॥
49039	1144	ਹਉ ਬਲਿਹਾਰਿ ਜਾਉ ਗੁਰਦੇਵ॥		Ho Balihaar Jaao Guradhaev ||	I am a sacrifice to the Divine Guru.	ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ,
49040	1144	ਸਫਲ ਦਰਸਨੁ ਜਾ ਕੀ ਨਿਰਮਲ ਸੇਵ॥		Safal Dharasan Jaa Kee Niramal Saev ||	The Blessed Vision of His Darshan is fruitful and rewarding; His service is immaculate and pure.	ਉਸ ਗੁਰੂ ਦਾ ਦਰਸਨ ਮੁਰਾਦਾਂ ਪੂਰੀਆਂ ਕਰਨ ਵਾਲਾ ਹੈ, ਉਸ ਗੁਰੂ ਦੀ ਸੇਵਾ ਜੀਵਨ ਨੂੰ ਪਵਿੱਤਰ ਬਣਾਂਦੀ ਹੈ।
49041	1144	ਦਇਆ ਕਰਹੁ ਠਾਕੁਰ ਪ੍ਰਭ ਮੇਰੇ॥		Dhaeiaa Karahu Thaakur Prabh Maerae ||	Be Merciful to me, O my Lord God and Master,	ਹੇ ਮੇਰੇ ਠਾਕੁਰ! ਹੇ ਮੇਰੇ ਪ੍ਰਭੂ! ਮਿਹਰ ਕਰ,

49042	1144	ਗੁਣ ਗਾਵੈ ਨਾਨਕੁ ਨਿਤ ਤੇਰੇ॥੪॥੧੮॥੩੧॥		Gun Gaavai Naanak Nith Thaerae ||4||18||31||	That Nanak may continually sing Your Glorious Praises. ||4||18||31||	(ਤੇਰਾ ਦਾਸ) ਨਾਨਕ ਸਦਾ ਤੇਰੇ ਗੁਣ ਗਾਂਦਾ ਰਹੇ ॥੪॥੧੮॥੩੧॥
49043	1144	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49044	1144	ਸਭ ਤੇ ਊਚ ਜਾ ਕਾ ਦਰਬਾਰੁ॥		Sabh Thae Ooch Jaa Kaa Dharabaar ||	His Regal Court is the highest of all.	ਜਿਸ (ਪਰਮਾਤਮਾ) ਦਾ ਦਰਬਾਰ ਸਭ (ਪਾਤਿਸ਼ਾਹਾਂ ਦੇ ਦਰਬਾਰਾਂ) ਨਾਲੋਂ ਉੱਚਾ ਹੈ,
49045	1144	ਸਦਾ ਸਦਾ ਤਾ ਕਉ ਜੋਹਾਰੁ॥		Sadhaa Sadhaa Thaa Ko Johaar ||	I humbly bow to Him, forever and ever.	ਉਸ (ਪ੍ਰਭੂ-ਪਾਤਿਸ਼ਾਹ) ਨੂੰ ਸਦਾ ਹੀ ਸਦਾ ਨਮਸਕਾਰ ਕਰਨੀ ਚਾਹੀਦੀ ਹੈ।
49046	1144	ਊਚੇ ਤੇ ਊਚਾ ਜਾ ਕਾ ਥਾਨ॥		Oochae Thae Oochaa Jaa Kaa Thhaan ||	His place is the highest of the high.	ਜਿਸ ਪ੍ਰਭੂ-ਪਾਤਿਸ਼ਾਹ ਦਾ ਮਹੱਲ ਉੱਚੇ ਤੋਂ ਉੱਚਾ ਹੈ,
49047	1144	ਕੋਟਿ ਅਘਾ ਮਿਟਹਿ ਹਰਿ ਨਾਮ॥੧॥	ਅਘਾ: ਪੋਲਾ ਬੋਲੋ	Kott Aghaa Mittehi Har Naam ||1||	Millions of sins are erased by the Name of the Lord. ||1||	ਉਸ ਹਰੀ-ਪਾਤਿਸ਼ਾਹ ਦੇ ਨਾਮ ਦੀ ਬਰਕਤਿ ਨਾਲ ਕ੍ਰੋੜਾਂ ਪਾਪ ਖ਼ਤਮ ਹੋ ਜਾਂਦੇ ਹਨ ॥੧॥
49048	1144	ਤਿਸੁ ਸਰਣਾਈ ਸਦਾ ਸੁਖੁ ਹੋਇ॥		This Saranaaee Sadhaa Sukh Hoe ||	In His Sanctuary, we find eternal peace.	ਉਸ (ਪ੍ਰਭੂ) ਦੀ ਸਰਨ ਵਿਚ (ਰਹਿ ਕੇ) ਉਸ ਮਨੁੱਖ ਨੂੰ ਸਦਾ ਆਨੰਦ ਬਣਿਆ ਰਹਿੰਦਾ ਹੈ,
49049	1144	ਕਰਿ ਕਿਰਪਾ ਜਾ ਕਉ ਮੇਲੈ ਸੋਇ॥੧॥ਰਹਾਉ॥		Kar Kirapaa Jaa Ko Maelai Soe ||1|| Rehaao ||	He Mercifully unites us with Himself. ||1||Pause||	ਪ੍ਰਭੂ ਆਪ ਹੀ ਮਿਹਰ ਕਰ ਕੇ ਜਿਸ ਮਨੁੱਖ ਨੂੰ ਆਪਣੇ ਚਰਨਾਂ ਵਿਚ ਜੋੜਦਾ ਹੈ ॥੧॥ ਰਹਾਉ ॥

49050	1144	ਜਾ ਕੇ ਕਰਤਬ ਲਖੇ ਨ ਜਾਹਿ॥		Jaa Kae Karathab Lakhae N Jaahi ||	His wondrous actions cannot even be described.	ਜਿਸ ਪ੍ਰਭੂ-ਪਾਤਿਸ਼ਾਹ ਦੇ ਚੋਜ-ਤਮਾਸ਼ੇ ਸਮਝੇ ਨਹੀਂ ਜਾ ਸਕਦੇ,
49051	1144	ਜਾ ਕਾ ਭਰਵਾਸਾ ਸਭ ਘਟ ਮਾਹਿ॥		Jaa Kaa Bharavaasaa Sabh Ghatt Maahi ||	All hearts rest their faith and hope in Him.	ਜਿਸ ਪਰਮਾਤਮਾ ਦਾ ਸਹਾਰਾ ਹਰੇਕ ਜੀਵ ਦੇ ਹਿਰਦੇ ਵਿਚ ਹੈ,
49052	1144	ਪ੍ਰਗਟ ਭਇਆ ਸਾਧੂ ਕੈ ਸੰਗਿ॥		Pragatt Bhaeiaa Saadhhoo Kai Sang ||	He is manifest in the Saadh Sangat, the Company of the Holy.	ਉਹ ਪ੍ਰਭੂ-ਪਾਤਿਸ਼ਾਹ ਗੁਰੂ ਦੀ ਸੰਗਤ ਵਿਚ ਰਿਹਾਂ (ਮਨੁੱਖ ਦੇ ਹਿਰਦੇ ਵਿਚ) ਪਰਗਟ ਹੋ ਜਾਂਦਾ ਹੈ।
49053	1144	ਭਗਤ ਅਰਾਧਹਿ ਅਨ ਦਿਨੁ ਰੰਗਿ॥੨॥		Bhagath Araadhhehi Anadhin Rang ||2||	The devotees lovingly worship and adore Him night and day. ||2||	ਉਸ ਦੇ ਭਗਤ ਹਰ ਵੇਲੇ ਪ੍ਰੇਮ ਨਾਲ ਉਸ ਦਾ ਨਾਮ ਜਪਦੇ ਰਹਿੰਦੇ ਹਨ ॥੨॥
49054	1144	ਦੇਦੇ ਤੋਟਿ ਨਹੀ ਭੰਡਾਰ॥		Dhaedhae Thott Nehee Bhanddaar ||	He gives, but His treasures are never exhausted.	(ਜੀਵਾਂ ਨੂੰ ਬੇਅੰਤ ਦਾਤਾਂ) ਦੇਂਦਿਆਂ ਭੀ (ਉਸ ਦੇ) ਖ਼ਜ਼ਾਨਿਆਂ ਵਿਚ ਕਮੀ ਨਹੀਂ ਹੁੰਦੀ।
49055	1144	ਖਿਨ ਮਹਿ ਥਾਪਿ ਉਥਾਪਨਹਾਰ॥		Khin Mehi Thhaap Outhhaapanehaar ||	In an instant, He establishes and disestablishes.	ਉਹ ਇਕ ਖਿਨ ਵਿਚ ਪੈਦਾ ਕਰ ਕੇ ਨਾਸ ਕਰਨ ਦੀ ਸਮਰਥਾ ਵਾਲਾ ਹੈ।
49056	1144	ਜਾ ਕਾ ਹੁਕਮੁ ਨ ਮੇਟੈ ਕੋਇ॥		Jaa Kaa Hukam N Maettai Koe ||	No one can erase the Hukam of His Command.	ਕੋਈ ਭੀ ਜੀਵ ਉਸ ਦਾ ਹੁਕਮ ਮੋੜ ਨਹੀਂ ਸਕਦਾ।

49057	1144	ਸਿਰਿ ਪਾਤਿਸਾਹਾ ਸਾਚਾ ਸੋਇ॥੩॥		Sir Paathisaahaa Saachaa Soe ||3||	The True Lord is above the heads of kings. ||3||	(ਦੁਨੀਆ ਦੇ) ਪਾਤਿਸ਼ਾਹਾਂ ਦੇ ਸਿਰ ਉੱਤੇ ਸਦਾ ਕਾਇਮ ਰਹਿਣ ਵਾਲਾ (ਪਾਤਿਸ਼ਾਹ) ਉਹ (ਪਰਮਾਤਮਾ) ਹੀ ਹੈ ॥੩॥
49058	1144	ਜਿਸ ਕੀ ਓਟ ਤਿਸੈ ਕੀ ਆਸਾ॥		Jis Kee Outt Thisai Kee Aasaa ||	He is my Anchor and Support; I place my hopes in Him.	(ਦੁੱਖਾਂ ਤੋਂ ਬਚਣ ਲਈ ਅਸਾਂ ਜੀਵਾਂ ਨੂੰ) ਜਿਸ (ਪਰਮਾਤਮਾ) ਦਾ ਆਸਰਾ ਹੈ, (ਸੁਖਾਂ ਦੀ ਪ੍ਰਾਪਤੀ ਲਈ ਭੀ) ਉਸੇ ਦੀ (ਸਹਾਇਤਾ ਦੀ) ਆਸ ਹੈ।
49059	1145	ਦੁਖੁ ਸੁਖੁ ਹਮਰਾ ਤਿਸ ਹੀ ਪਾਸਾ॥		Dhukh Sukh Hamaraa This Hee Paasaa ||	I place my pain and pleasure before Him.	ਦੁੱਖ (ਤੋਂ ਬਚਣ ਲਈ, ਤੇ) ਸੁਖ (ਦੀ ਪ੍ਰਾਪਤੀ ਲਈ) ਅਸਾਂ ਜੀਵਾਂ ਦੀ ਉਸ ਦੇ ਪਾਸ ਹੀ (ਸਦਾ ਅਰਦਾਸ) ਹੈ।
49060	1145	ਰਾਖਿ ਲੀਨੋ ਸਭੁ ਜਨ ਕਾ ਪੜਦਾ॥	ਪੜਦਾ: ਪੋਲਾ ਬੋਲੋ	Raakh Leeno Sabh Jan Kaa Parradhaa ||	He covers the faults of His humble servant.	ਆਪਣੇ ਸੇਵਕ ਦੀ ਇੱਜ਼ਤ ਪਰਮਾਤਮਾ ਹਰ ਥਾਂ ਰੱਖ ਲੈਂਦਾ ਹੈ,
49061	1145	ਨਾਨਕੁ ਤਿਸ ਕੀ ਉਸਤਤਿ ਕਰਦਾ॥੪॥੧੯॥੩੨॥		Naanak This Kee Ousathath Karadhaa ||4||19||32||	Nanak sings His Praises. ||4||19||32||	ਨਾਨਕ ਉਸ ਦੀ (ਹੀ ਸਦਾ) ਸਿਫ਼ਤ-ਸਾਲਾਹ ਕਰਦਾ ਹੈ ॥੪॥੧੯॥੩੨॥
49062	1145	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49063	1145	ਰੋਵਨਹਾਰੀ ਰੋਜੁ ਬਨਾਇਆ॥		Rovanehaaree Roj Banaaeiaa ||	The whiner whines every day.	(ਕਿਸੇ ਸੰਬੰਧੀ ਦੇ ਮਰਨ ਤੇ ਮਾਇਕ ਸੰਬੰਧਾਂ ਦੇ ਕਾਰਨ ਹੀ) ਰੋਣ ਵਾਲੀ ਇਸਤ੍ਰੀ (ਰੋਣ ਨੂੰ) ਹਰ ਰੋਜ਼ ਦਾ ਨੇਮ ਬਣਾਈ ਰੱਖਦੀ ਹੈ,

49064	1145	ਬਲਨ ਬਰਤਨ ਕਉ ਸਨਬੰਧੁ ਚਿਤਿ ਆਇਆ॥	(ਬਲਨ) ਸਮਾਂ ਗੁਜ਼ਾਰਨ ਲਈ। (ਬਰਤਨ) ਪਦਾਰਥ	Balan Barathan Ko Sanabandhh Chith Aaeiaa ||	His attachment to his household and entanglements cloud his mind.	(ਕਿਉਂਕਿ ਉਸ ਨੂੰ ਵਿਛੁੜੇ ਸੰਬੰਧੀ ਦੇ ਨਾਲ) ਵਰਤਣ-ਵਿਹਾਰ ਦਾ ਸੰਬੰਧ ਚੇਤੇ ਆਉਂਦਾ ਰਹਿੰਦਾ ਹੈ।
49065	1145	ਬੂਝਿ ਬੈਰਾਗੁ ਕਰੇ ਜੇ ਕੋਇ॥		Boojh Bairaag Karae Jae Koe ||	If someone becomes detached through understanding,	ਪਰ ਜੇ ਕੋਈ ਪ੍ਰਾਣੀ (ਇਹ) ਸਮਝ ਕੇ (ਕਿ ਇਹ ਮਾਇਕ ਸੰਬੰਧ ਸਦਾ ਕਾਇਮ ਨਹੀਂ ਰਹਿ ਸਕਦੇ ਆਪਣੇ ਅੰਦਰ) ਨਿਰਮੋਹਤਾ ਪੈਦਾ ਕਰ ਲਏ,
49066	1145	ਜਨਮ ਮਰਣ ਫਿਰਿ ਸੋਗੁ ਨ ਹੋਇ॥੧॥		Janam Maran Fir Sog N Hoe ||1||	He will not have to suffer in birth and death again. ||1||	ਤਾਂ ਉਸ ਨੂੰ (ਕਿਸੇ ਦੇ) ਜਨਮ (ਦੀ ਖ਼ੁਸ਼ੀ, ਤੇ, ਕਿਸੇ ਦੇ) ਮਰਨ ਦਾ ਗ਼ਮ ਨਹੀਂ ਵਿਆਪਦਾ ॥੧॥
49067	1145	ਬਿਖਿਆ ਕਾ ਸਭੁ ਧੰਧੁ ਪਸਾਰੁ॥		Bikhiaa Kaa Sabh Dhhandhh Pasaar ||	All of his conflicts are extensions of his corruption.	(ਜਗਤ ਵਿਚ) ਮਾਇਆ ਦਾ ਹੀ ਸਾਰਾ ਧੰਧਾ ਹੈ, ਮਾਇਆ ਦਾ ਹੀ ਸਾਰਾ ਖਿਲਾਰਾ ਹੈ।
49068	1145	ਵਿਰਲੈ ਕੀਨੋ ਨਾਮ ਅਧਾਰੁ॥੧॥ਰਹਾਉ॥		Viralai Keeno Naam Adhhaar ||1|| Rehaao ||	How rare is that person who takes the Naam as his Support. ||1||Pause||	ਕਿਸੇ ਵਿਰਲੇ ਮਨੁੱਖ ਨੇ (ਮਾਇਆ ਦਾ ਆਸਰਾ ਛੱਡ ਕੇ) ਪਰਮਾਤਮਾ ਦੇ ਨਾਮ ਦਾ ਆਸਰਾ ਲਿਆ ਹੈ ॥੧॥ ਰਹਾਉ ॥
49069	1145	ਤ੍ਰਿਬਿਧਿ ਮਾਇਆ ਰਹੀ ਬਿਆਪਿ॥	ਤ੍ਰਿਬਿਧਿ	Thribidhh Maaeiaa Rehee Biaap ||	The three-phased Maya infects all.	ਇਹ ਤ੍ਰਿਗੁਣੀ ਮਾਇਆ (ਸਾਰੇ ਜੀਵਾਂ ਉਤੇ ਆਪਣਾ) ਜ਼ੋਰ ਪਾ ਰਹੀ ਹੈ।

49070	1145	ਜੋ ਲਪਟਾਨੋ ਤਿਸੁ ਦੂਖ ਸੰਤਾਪ॥		Jo Lapattaano This Dhookh Santhaap ||	Whoever clings to it suffers pain and sorrow.	ਜਿਹੜਾ ਮਨੁੱਖ (ਇਸ ਮਾਇਆ ਨੂੰ) ਚੰਬੜਿਆ ਰਹਿੰਦਾ ਹੈ, ਉਸ ਨੂੰ (ਅਨੇਕਾਂ) ਕਲੇਸ਼ ਵਿਆਪਦੇ ਰਹਿੰਦੇ ਹਨ।
49071	1145	ਸੁਖੁ ਨਾਹੀ ਬਿਨੁ ਨਾਮ ਧਿਆਏ॥		Sukh Naahee Bin Naam Dhhiaaeae ||	There is no peace without meditating on the Naam, the Name of the Lord.	ਪਰਮਾਤਮਾ ਦੇ ਨਾਮ ਸਿਮਰਨ ਤੋਂ ਬਿਨਾ ਸੁਖ ਨਹੀਂ ਹੋ ਸਕਦਾ।
49072	1145	ਨਾਮ ਨਿਧਾਨੁ ਬਡਭਾਗੀ ਪਾਏ॥੨॥		Naam Nidhhaan Baddabhaagee Paaeae ||2||	By great good fortune, the treasure of the Naam is received. ||2||	ਕੋਈ ਵਿਰਲਾ ਕਿਸਮਤ ਵਾਲਾ ਮਨੁੱਖ ਹੀ ਨਾਮ-ਖ਼ਜ਼ਾਨਾ ਹਾਸਲ ਕਰਦਾ ਹੈ ॥੨॥
49073	1145	ਸ੍ਵਾਂਗੀ ਸਿਉ ਜੋ ਮਨੁ ਰੀਝਾਵੈ॥		Svaangee Sio Jo Man Reejhaavai ||	One who loves the actor in his mind,	ਜਿਹੜਾ ਮਨੁੱਖ ਕਿਸੇ ਸਾਂਗ-ਧਾਰੀ ਨਾਲ ਪਿਆਰ ਪਾ ਲੈਂਦਾ ਹੈ,
49074	1145	ਸ੍ਵਾਗਿ ਉਤਾਰਿਐ ਫਿਰਿ ਪਛੁਤਾਵੈ॥		Svaag Outhaariai Fir Pashhuthaavai ||	Later regrets it when the actor takes off his costume.	ਜਦੋਂ ਉਹ ਸਾਂਗ ਲਾਹ ਦਿੱਤਾ ਜਾਂਦਾ ਹੈ ਤਦੋਂ ਉਹ (ਪਿਆਰ ਪਾਣ ਵਾਲਾ ਅਸਲੀਅਤ ਵੇਖ ਕੇ) ਪਛੁਤਾਂਦਾ ਹੈ।
49075	1145	ਮੇਘ ਕੀ ਛਾਇਆ ਜੈਸੇ ਬਰਤਨਹਾਰ॥		Maegh Kee Shhaaeiaa Jaisae Barathanehaar ||	The shade from a cloud is transitory,	ਜਿਵੇਂ ਬੱਦਲਾਂ ਦੀ ਛਾਂ (ਨੂੰ ਟਿਕਵੀਂ ਛਾਂ ਸਮਝ ਕੇ ਉਸ) ਨਾਲ ਵਰਤਣ ਕਰਨਾ ਹੈ,
49076	1145	ਤੈਸੋ ਪਰਪੰਚੁ ਮੋਹ ਬਿਕਾਰ॥੩॥		Thaiso Parapanch Moh Bikaar ||3||	Like the worldly paraphernalia of attachment and corruption. ||3||	ਤਿਵੇਂ ਹੀ ਇਹ ਜਗਤ-ਪਸਾਰਾ ਮੋਹ ਆਦਿਕ ਵਿਕਾਰਾਂ ਦਾ ਮੂਲ ਹੈ ॥੩॥
49077	1145	ਏਕ ਵਸਤੁ ਜੇ ਪਾਵੈ ਕੋਇ॥		Eaek Vasath Jae Paavai Koe ||	If someone is blessed with the singular substance,	ਜੇ ਕੋਈ ਮਨੁੱਖ ਪਰਮਾਤਮਾ ਦਾ ਨਾਮ-ਖ਼ਜ਼ਾਨਾ ਪ੍ਰਾਪਤ ਕਰ ਲਏ,

49078	1145	ਪੂਰਨ ਕਾਜੁ ਤਾਹੀ ਕਾ ਹੋਇ॥		Pooran Kaaj Thaahee Kaa Hoe ||	Then all of his tasks are accomplished to perfection.	ਉਸੇ ਦਾ ਹੀ (ਜੀਵਨ ਦਾ ਅਸਲ) ਕੰਮ ਕਿਸੇ ਸਿਰੇ ਚੜ੍ਹਦਾ ਹੈ।
49079	1145	ਗੁਰ ਪ੍ਰਸਾਦਿ ਜਿਨਿ ਪਾਇਆ ਨਾਮੁ॥		Gur Prasaadh Jin Paaeiaa Naam ||	One who obtains the Naam, by Guru's Grace	ਜਿਸ ਨੇ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ ਹਾਸਲ ਕਰ ਲਿਆ ਹੈ,
49080	1145	ਨਾਨਕ ਆਇਆ ਸੋ ਪਰਵਾਨੁ॥੪॥੨੦॥ ੩੩॥		Naanak Aaeiaa So Paravaan ||4||20||33||	- O Nanak, his coming into the world is certified and approved. ||4||20||33||	ਹੇ ਨਾਨਕ! ਜਗਤ ਵਿਚ ਜੰਮਿਆ ਉਹੀ ਮਨੁੱਖ (ਲੋਕ ਪਰਲੋਕ ਵਿਚ) ਕਬੂਲ ਹੁੰਦਾ ਹੈ ॥੪॥੨੦॥੩੩॥
49081	1145	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49082	1145	ਸੰਤ ਕੀ ਨਿੰਦਾ ਜੋਨੀ ਭਵਨਾ॥		Santh Kee Nindhaa Jonee Bhavanaa ||	Slandering the Saints, the mortal wanders in reincarnation.	ਕਿਸੇ ਗੁਰਮੁਖ ਦੇ ਆਚਰਨ ਉਤੇ ਅਣਹੋਏ ਦੂਸ਼ਣ ਲਾਣ ਨਾਲ ਮਨੁੱਖ ਕਈ ਜੂਨਾਂ ਵਿਚ ਭਟਕਦਾ ਫਿਰਦਾ ਹੈ,
49083	1145	ਸੰਤ ਕੀ ਨਿੰਦਾ ਰੋਗੀ ਕਰਨਾ॥		Santh Kee Nindhaa Rogee Karanaa ||	Slandering the Saints, he is diseased.	ਕਿਉਂਕਿ ਉਹ ਮਨੁੱਖ ਉਹਨਾਂ ਦੂਸ਼ਣਾਂ ਦਾ ਜ਼ਿਕਰ ਕਰਦਾ ਕਰਦਾ ਆਪ ਹੀ ਆਪਣੇ ਆਪ ਨੂੰ ਉਹਨਾਂ ਦੂਸ਼ਣਾਂ ਦਾ ਸ਼ਿਕਾਰ ਬਣਾ ਲੈਂਦਾ ਹੈ,
49084	1145	ਸੰਤ ਕੀ ਨਿੰਦਾ ਦੂਖ ਸਹਾਮ॥		Santh Kee Nindhaa Dhookh Sehaam ||	Slandering the Saints, he suffers in pain.	(ਇਸ ਦਾ ਨਤੀਜਾ ਇਹ ਨਿਕਲਦਾ ਹੈ ਕਿ ਇਥੇ ਜਗਤ ਵਿਚ ਉਹ ਮਨੁੱਖ ਉਸ) ਨਿੰਦਾ ਦੇ ਕਾਰਨ (ਕਈ ਆਤਮਕ) ਦੁੱਖ ਸਹਾਰਦਾ ਰਹਿੰਦਾ ਹੈ.

49085	1145	ਡਾਨੁ ਦੈਤ ਨਿੰਦਕ ਕਉ ਜਾਮ॥੧॥		Ddaan Dhaith Nindhak Ko Jaam ||1||	The slanderer is punished by the Messenger of Death. ||1||	(ਤੇ ਅਗਾਂਹ ਪਰਲੋਕ ਵਿਚ ਭੀ) ਨਿੰਦਕ ਨੂੰ ਜਮਰਾਜ ਸਜ਼ਾ ਦੇਂਦਾ ਹੈ ॥੧॥
49086	1145	ਸੰਤਸੰਗਿ ਕਰਹਿ ਜੋ ਬਾਦੁ॥		Santhasang Karehi Jo Baadh ||	Those who argue and fight with the Saints	ਜਿਹੜੇ ਮਨੁੱਖ ਪਰਮਾਤਮਾ ਦੇ ਭਗਤ ਨਾਲ ਝਗੜਾ ਖੜਾ ਕਰੀ ਰੱਖਦੇ ਹਨ,
49087	1145	ਤਿਨ ਨਿੰਦਕ ਨਾਹੀ ਕਿਛੁ ਸਾਦੁ॥੧॥ਰਹਾਉ॥		Thin Nindhak Naahee Kishh Saadh ||1|| Rehaao ||	- those slanderers find no happiness at all. ||1||Pause||	ਉਹਨਾਂ ਨਿੰਦਕਾਂ ਨੂੰ ਜੀਵਨ ਦਾ ਕੋਈ ਆਤਮਕ ਆਨੰਦ ਨਹੀਂ ਆਉਂਦਾ ॥੧॥ ਰਹਾਉ ॥
49088	1145	ਭਗਤ ਕੀ ਨਿੰਦਾ ਕੰਧੁ ਛੇਦਾਵੈ॥	(ਕੰਧੁ) ਸ਼੍ਰੀਰ। (ਛੇਦਾਵੈ) ਕੱਟਦੀ ਹੈ	Bhagath Kee Nindhaa Kandhh Shhaedhaavai ||	Slandering the devotees, the wall of the mortal's body is shattered.	ਕਿਸੇ ਗੁਰਮੁਖ ਉੱਤੇ ਚਿੱਕੜ ਸੁੱਟਣ ਨਾਲ ਮਨੁੱਖ ਆਪਣੇ ਹੀ ਸਰੀਰ ਨੂੰ ਉਹਨਾਂ ਦੂਸ਼ਣਾਂ ਨਾਲ ਪੋ ਲੈਂਦਾ ਹੈ,
49089	1145	ਭਗਤ ਕੀ ਨਿੰਦਾ ਨਰਕੁ ਭੁੰਚਾਵੈ॥		Bhagath Kee Nindhaa Narak Bhunchaavai ||	Slandering the devotees, he suffers in hell.	(ਇਸ ਤਰ੍ਹਾਂ) ਗੁਰਮੁਖ ਦੀ ਨਿੰਦਾ (ਨਿੰਦਾ ਕਰਨ ਵਾਲੇ ਨੂੰ) ਨਰਕ (ਦਾ ਦੁੱਖ) ਭੋਗਾਂਦੀ ਹੈ,
49090	1145	ਭਗਤ ਕੀ ਨਿੰਦਾ ਗਰਭ ਮਹਿ ਗਲੈ॥		Bhagath Kee Nindhaa Garabh Mehi Galai ||	Slandering the devotees, he rots in the womb.	ਉਸ ਨਿੰਦਾ ਦੇ ਕਾਰਨ ਮਨੁੱਖ ਅਨੇਕਾਂ ਜੂਨਾਂ ਵਿਚ ਗਲਦਾ ਫਿਰਦਾ ਹੈ,
49091	1145	ਭਗਤ ਕੀ ਨਿੰਦਾ ਰਾਜ ਤੇ ਟਲੈ॥੨॥		Bhagath Kee Nindhaa Raaj Thae Ttalai ||2||	Slandering the devotees, he loses his realm and power. ||2||	ਤੇ, ਉੱਚੀ ਆਤਮਕ ਪਦਵੀ ਤੋਂ ਹੇਠਾਂ ਡਿੱਗ ਪੈਂਦਾ ਹੈ ॥੨॥

49092	1145	ਨਿੰਦਕ ਕੀ ਗਤਿ ਕਤਹੂ ਨਾਹਿ॥		Nindhak Kee Gath Kathehoo Naahi ||	The slanderer finds no salvation at all.	ਦੂਜਿਆਂ ਉੱਤੇ ਸਦਾ ਚਿੱਕੜ ਸੁੱਟਣ ਵਾਲੇ ਮਨੁੱਖ ਦੀ ਆਪਣੀ ਉੱਚੀ ਆਤਮਕ ਅਵਸਥਾ ਕਦੇ ਭੀ ਨਹੀਂ ਬਣਦੀ,
49093	1145	ਆਪਿ ਬੀਜਿ ਆਪੇ ਹੀ ਖਾਹਿ॥		Aap Beej Aapae Hee Khaahi ||	He eats only that which he himself has planted.	(ਇਸ ਤਰ੍ਹਾਂ ਨਿੰਦਕ ਨਿੰਦਾ ਦਾ ਇਹ ਮਾੜਾ ਬੀਜ) ਬੀਜ ਕੇ ਆਪ ਹੀ ਉਸ ਦਾ ਫਲ ਖਾਂਦਾ ਹੈ।
49094	1145	ਚੋਰ ਜਾਰ ਜੂਆਰ ਤੇ ਬੁਰਾ॥		Chor Jaar Jooaar Thae Buraa ||	He is worse than a thief, a lecher, or a gambler.	ਨਿੰਦਾ ਕਰਨ ਵਾਲਾ ਮਨੁੱਖ ਚੋਰ ਨਾਲੋਂ ਵਿਭਚਾਰੀ ਨਾਲੋਂ ਜੂਆਰੀਏ ਨਾਲੋਂ ਭੀ ਭੈੜਾ ਸਾਬਤ ਹੁੰਦਾ ਹੈ,
49095	1145	ਅਣਹੋਦਾ ਭਾਰੁ ਨਿੰਦਕਿ ਸਿਰਿ ਧਰਾ॥੩॥		Anehodhaa Bhaar Nindhak Sir Dhharaa ||3||	The slanderer places an unbearable burden upon his head. ||3||	ਕਿਉਂਕਿ ਨਿੰਦਕ ਨੇ ਆਪਣੇ ਸਿਰ ਉਤੇ ਸਦਾ ਉਹਨਾਂ ਵਿਕਾਰਾਂ ਦਾ ਭਾਰ ਚੁੱਕਿਆ ਹੁੰਦਾ ਹੈ ਜੋ ਪਹਿਲਾਂ ਉਸ ਦੇ ਅੰਦਰ ਨਹੀਂ ਸਨ ॥੩॥
49096	1145	ਪਾਰਬ੍ਰਹਮ ਕੇ ਭਗਤ ਨਿਰਵੈਰ॥		Paarabreham Kae Bhagath Niravair ||	The devotees of the Supreme Lord God are beyond hate and vengeance.	ਪਰਮਾਤਮਾ ਦੇ ਭਗਤ ਕਿਸੇ ਨਾਲ ਭੀ ਵੈਰ ਨਹੀਂ ਰੱਖਦੇ।
49097	1145	ਸੋ ਨਿਸਤਰੈ ਜੋ ਪੂਜੈ ਪੈਰ॥		So Nisatharai Jo Poojai Pair ||	Whoever worships their feet is emancipated.	ਜਿਹੜਾ ਭੀ ਮਨੁੱਖ ਉਹਨਾਂ ਦੀ ਸਰਨ ਆਉਂਦਾ ਹੈ ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।

49098	1145	ਆਦਿ ਪੁਰਖਿ ਨਿੰਦਕੁ ਭੋਲਾਇਆ॥		Aadh Purakh Nindhak Bholaaeiaa ||	The Primal Lord God has deluded and confused the slanderer.	(ਪਰ ਨਿੰਦਕ ਦੇ ਭੀ ਕੀਹ ਵੱਸ?) ਪਰਮਾਤਮਾ ਨੇ ਆਪ ਹੀ ਨਿੰਦਕ ਨੂੰ ਗ਼ਲਤ ਰਸਤੇ ਪਾ ਰੱਖਿਆ ਹੈ।
49099	1145	ਨਾਨਕ ਕਿਰਤੁ ਨ ਜਾਇ ਮਿਟਾਇਆ॥੪॥੨੧॥੩੪॥		Naanak Kirath N Jaae Mittaaeiaa ||4||21||34||	O Nanak, the record of one's past actions cannot be erased. ||4||21||34||	ਹੇ ਨਾਨਕ! ਪਿਛਲੇ ਅਨੇਕਾਂ ਜਨਮਾਂ ਦੇ ਕੀਤੇ ਹੋਏ ਨਿੰਦਾ ਦੇ ਕਰਮਾਂ ਦੇ ਸੰਸਕਾਰਾਂ ਦਾ ਢੇਰ ਉਸ ਪਾਸੋਂ ਆਪਣੇ ਉੱਦਮ ਨਾਲ ਮਿਟਾਇਆ ਨਹੀਂ ਜਾ ਸਕਦਾ ॥੪॥੨੧॥੩੪॥
49100	1145	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49101	1145	ਨਾਮੁ ਹਮਾਰੈ ਬੇਦ ਅਰੁ ਨਾਦ॥		Naam Hamaarai Baedh Ar Naadh ||	The Naam, the Name of the Lord, is for me the Vedas and the Sound-current of the Naad.	(ਜਦੋਂ ਤੋਂ ਗੁਰੂ ਨੇ ਮੇਰੇ ਅੰਦਰ ਹਰਿ-ਨਾਮ ਦ੍ਰਿੜ੍ਹ ਕੀਤਾ ਹੈ, ਤਦੋਂ ਤੋਂ) ਪਰਮਾਤਮਾ ਦਾ ਨਾਮ ਹੀ ਮੇਰੇ ਵਾਸਤੇ ਵੇਦ (ਸ਼ਾਸਤ੍ਰ ਆਦਿਕਾਂ ਦੀ ਚਰਚਾ ਹੈ) ਅਤੇ (ਜੋਗੀਆਂ ਦਾ ਸਿੰਙੀ ਆਦਿਕ) ਵਜਾਣਾ ਹੋ ਚੁਕਾ ਹੈ।
49102	1145	ਨਾਮੁ ਹਮਾਰੈ ਪੂਰੇ ਕਾਜ॥		Naam Hamaarai Poorae Kaaj ||	Through the Naam, my tasks are perfectly accomplished.	ਪਰਮਾਤਮਾ ਦਾ ਨਾਮ ਮੇਰੇ ਸਾਰੇ ਕੰਮ ਸਿਰੇ ਚਾੜ੍ਹਦਾ ਹੈ,
49103	1145	ਨਾਮੁ ਹਮਾਰੈ ਪੂਜਾ ਦੇਵ॥		Naam Hamaarai Poojaa Dhaev ||	The Naam is my worship of deities.	ਇਹ ਹਰਿ-ਨਾਮ ਹੀ ਮੇਰੇ ਵਾਸਤੇ ਦੇਵ-ਪੂਜਾ ਹੈ,
49104	1145	ਨਾਮੁ ਹਮਾਰੈ ਗੁਰ ਕੀ ਸੇਵ॥੧॥		Naam Hamaarai Gur Kee Saev ||1||	The Naam is my service to the Guru. ||1||	ਹਰਿ ਨਾਮ ਸਿਮਰਨਾ ਹੀ ਮੇਰੇ ਵਾਸਤੇ ਗੁਰੂ ਦੀ ਸੇਵਾ-ਭਗਤੀ ਕਰਨੀ ਹੈ ॥੧॥

49105	1145	ਗੁਰਿ ਪੂਰੈ ਦ੍ਰਿੜਿਓ ਹਰਿ ਨਾਮੁ॥		Gur Poorai Dhrirriou Har Naam ||	The Perfect Guru has implanted the Naam within me.	ਪੂਰੇ ਗੁਰੂ ਨੇ (ਮੇਰੇ ਹਿਰਦੇ ਵਿਚ) ਪਰਮਾਤਮਾ ਦਾ ਨਾਮ ਪੱਕਾ ਟਿਕਾ ਦਿੱਤਾ ਹੈ।
49106	1145	ਸਭ ਤੇ ਊਤਮੁ ਹਰਿ ਹਰਿ ਕਾਮੁ॥੧॥ਰਹਾਉ॥		Sabh Thae Ootham Har Har Kaam ||1|| Rehaao ||	The highest task of all is the Name of the Lord, Har, Har. ||1||Pause||	(ਹੁਣ ਮੈਨੂੰ ਨਿਸ਼ਚਾ ਹੋ ਗਿਆ ਹੈ ਕਿ) ਸਭਨਾਂ ਕੰਮਾਂ ਨਾਲੋਂ ਪਰਮਾਤਮਾ ਦਾ ਨਾਮ ਸਿਮਰਨ ਦਾ ਕੰਮ ਸ੍ਰੇਸ਼ਟ ਹੈ ॥੧॥ ਰਹਾਉ ॥
49107	1145	ਨਾਮੁ ਹਮਾਰੈ ਮਜਨ ਇਸਨਾਨੁ॥		Naam Hamaarai Majan Eisanaan ||	The Naam is my cleansing bath and purification.	(ਗੁਰੂ ਨੇ ਮੇਰੇ ਹਿਰਦੇ ਵਿਚ ਨਾਮ ਦ੍ਰਿੜ੍ਹ ਕਰ ਦਿੱਤਾ ਹੈ, ਹੁਣ) ਹਰਿ-ਨਾਮ ਜਪਣਾ ਹੀ ਮੇਰੇ ਲਈ ਪੁਰਬਾਂ ਸਮੇ ਤੀਰਥ-ਇਸ਼ਨਾਨ ਹੈ,
49108	1145	ਨਾਮੁ ਹਮਾਰੈ ਪੂਰਨ ਦਾਨੁ॥		Naam Hamaarai Pooran Dhaan ||	The Naam is my perfect donation of charity.	ਹਰਿ-ਨਾਮ ਜਪਣਾ ਹੀ ਮੇਰੇ ਲਈ (ਤੀਰਥਾਂ ਤੇ ਜਾ ਕੇ) ਸਭ ਕੁਝ (ਬ੍ਰਾਹਮਣਾਂ ਨੂੰ) ਦਾਨ ਕਰ ਦੇਣਾ-ਇਹ ਭੀ ਮੇਰੇ ਵਾਸਤੇ ਨਾਮ-ਸਿਮਰਨ ਹੀ ਹੈ।
49109	1145	ਨਾਮੁ ਲੈਤ ਤੇ ਸਗਲ ਪਵੀਤ॥		Naam Laith Thae Sagal Paveeth ||	Those who repeat the Naam are totally purified.	ਜਿਹੜੇ ਮਨੁੱਖ ਨਾਮ ਜਪਦੇ ਹਨ ਉਹ ਸਾਰੇ ਸੁੱਚੇ ਆਚਰਨ ਵਾਲੇ ਬਣ ਜਾਂਦੇ ਹਨ,
49110	1145	ਨਾਮੁ ਜਪਤ ਮੇਰੇ ਭਾਈ ਮੀਤ॥੨॥		Naam Japath Maerae Bhaaee Meeth ||2||	Those who chant the Naam are my friends and Siblings of Destiny. ||2||	ਨਾਮ ਜਪਣ ਵਾਲੇ ਹੀ ਮੇਰੇ ਭਰਾ ਹਨ ਮੇਰੇ ਮਿੱਤਰ ਹਨ ॥੨॥

49111	1145	ਨਾਮੁ ਹਮਾਰੈ ਸਉਣ ਸੰਜੋਗ॥		Naam Hamaarai Soun Sanjog ||	The Naam is my auspicious omen and good fortune.	(ਕਾਰਾਂ-ਵਿਹਾਰਾਂ ਦੀ ਸਫਲਤਾ ਵਾਸਤੇ ਲੋਕ) ਸਗਨ (ਵਿਚਾਰਦੇ ਹਨ) ਮੁਹੂਰਤ (ਕਢਾਂਦੇ ਹਨ) ਪਰ ਮੇਰੇ ਵਾਸਤੇ ਤਾਂ ਹਰਿ-ਨਾਮ ਹੀ ਸਭ ਕੁਝ ਹੈ।
49112	1145	ਨਾਮੁ ਹਮਾਰੈ ਤ੍ਰਿਪਤਿ ਸੁ ਭੋਗ॥		Naam Hamaarai Thripath Subhog ||	The Naam is the sublime food which satisfies me.	ਦੁਨੀਆ ਦੇ ਸੁਆਦਲੇ ਪਦਾਰਥਾਂ ਨੂੰ ਖਾ ਖਾ ਕੇ ਰੱਜਣਾ-(ਇਹ ਸਾਰਾ ਸੁਆਦ) ਮੇਰੇ ਵਾਸਤੇ ਹਰਿ-ਨਾਮ ਦਾ ਸਿਮਰਨ ਹੈ।
49113	1145	ਨਾਮੁ ਹਮਾਰੈ ਸਗਲ ਆਚਾਰ॥		Naam Hamaarai Sagal Aachaar ||	The Naam is my good conduct.	(ਤੀਰਥ-ਜਾਤ੍ਰਾ ਆਦਿਕ ਮਿਥੇ ਹੋਏ) ਸਾਰੇ ਧਰਮ-ਕਰਮ ਮੇਰੇ ਵਾਸਤੇ ਪਰਮਾਤਮਾ ਦਾ ਨਾਮ ਹੀ ਹੈ।
49114	1145	ਨਾਮੁ ਹਮਾਰੈ ਨਿਰਮਲ ਬਿਉਹਾਰ॥੩॥		Naam Hamaarai Niramal Biouhaar ||3||	The Naam is my immaculate occupation. ||3||	ਪਰਮਾਤਮਾ ਦਾ ਨਾਮ ਹੀ ਮੇਰੇ ਲਈ ਪਵਿੱਤਰ ਕਾਰ-ਵਿਹਾਰ ਹੈ ॥੩॥
49115	1145	ਜਾ ਕੈ ਮਨਿ ਵਸਿਆ ਪ੍ਰਭੁ ਏਕੁ॥		Jaa Kai Man Vasiaa Prabh Eaek ||	All those humble beings whose minds are filled with the One God	ਜਿਸ ਮਨੁੱਖ ਦੇ ਮਨ ਵਿਚ ਸਿਰਫ਼ ਪਰਮਾਤਮਾ ਆ ਵੱਸਿਆ ਹੈ (ਉਹ ਭਾਗਾਂ ਵਾਲਾ ਹੈ)।
49116	1145	ਸਗਲ ਜਨਾ ਕੀ ਹਰਿ ਹਰਿ ਟੇਕ॥		Sagal Janaa Kee Har Har Ttaek ||	Have the Support of the Lord, Har, Har.	ਪਰਮਾਤਮਾ (ਦਾ ਨਾਮ) ਹੀ ਸਾਰੇ ਜੀਵਾਂ ਦਾ ਸਹਾਰਾ ਹੈ।

49117	1145	ਮਨਿ ਤਨਿ ਨਾਨਕ ਹਰਿ ਗੁਣ ਗਾਉ॥		Man Than Naanak Har Gun Gaao ||	O Nanak, sing the Glorious Praises of the Lord with your mind and body.	ਹੇ ਨਾਨਕ! ਜਿਹੜਾ ਮਨੁੱਖ ਮਨੋਂ ਤਨੋਂ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹੈ (ਉਹ ਭਾਗਾਂ ਵਾਲਾ ਹੈ)
49118	1145	ਸਾਧਸੰਗਿ ਜਿਸੁ ਦੇਵੈ ਨਾਉ॥੪॥੨੨॥੩੫॥		Saadhhasang Jis Dhaevai Naao ||4||22||35||	In the Saadh Sangat, the Company of the Holy, the Lord bestows His Name. ||4||22||35||	(ਪਰ ਇਹ ਕੰਮ ਉਹੀ ਮਨੁੱਖ ਕਰਦਾ ਹੈ) ਜਿਸ ਨੂੰ ਪਰਮਾਤਮਾ ਸਾਧ ਸੰਗਤ ਵਿਚ ਰੱਖ ਕੇ ਆਪਣੇ ਨਾਮ ਦੀ ਦਾਤ ਦੇਂਦਾ ਹੈ ॥੪॥੨੨॥੩੫॥
49119	1146	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49120	1146	ਨਿਰਧਨ ਕਉ ਤੁਮ ਦੇਵਹੁ ਧਨਾ॥		Niradhhan Ko Thum Dhaevahu Dhhanaa ||	You bless the poor with wealth, O Lord.	ਹੇ ਪ੍ਰਭੂ! ਤੂੰ (ਜਿਸ) ਕੰਗਾਲ ਨੂੰ (ਆਪਣਾ ਨਾਮ-) ਧਨ ਦੇਂਦਾ ਹੈਂ,
49121	1146	ਅਨਿਕ ਪਾਪ ਜਾਹਿ ਨਿਰਮਲ ਮਨਾ॥		Anik Paap Jaahi Niramal Manaa ||	Countless sins are taken away, and the mind becomes immaculate and pure.	ਉਸ ਦੇ ਅਨੇਕਾਂ ਪਾਪ ਦੂਰ ਹੋ ਜਾਂਦੇ ਹਨ, ਉਸ ਦਾ ਮਨ ਪਵਿੱਤਰ ਹੋ ਜਾਂਦਾ ਹੈ।
49122	1146	ਸਗਲ ਮਨੋਰਥ ਪੂਰਨ ਕਾਮ॥		Sagal Manorathh Pooran Kaam ||	All the mind's desires are fulfilled, and one's tasks are perfectly accomplished.	ਉਸ ਦੀਆਂ ਸਾਰੀਆਂ ਮੰਗਾਂ ਪੂਰੀਆਂ ਹੋ ਜਾਂਦੀਆਂ ਹਨ, ਉਸ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ।
49123	1146	ਭਗਤ ਅਪੁਨੇ ਕਉ ਦੇਵਹੁ ਨਾਮ॥੧॥		Bhagath Apunae Ko Dhaevahu Naam ||1||	You bestow Your Name upon Your devotee. ||1||	ਹੇ ਪ੍ਰਭੂ! ਤੂੰ ਆਪਣੇ ਭਗਤ ਨੂੰ (ਆਪ ਹੀ) ਆਪਣਾ ਨਾਮ ਦੇਂਦਾ ਹੈਂ ॥੧॥

49124	1146	ਸਫਲ ਸੇਵਾ ਗੋਪਾਲ ਰਾਇ॥		Safal Saevaa Gopaal Raae ||	Service to the Lord, our Sovereign King, is fruitful and rewarding.	ਸ੍ਰਿਸ਼ਟੀ ਦੇ ਪਾਲਕ-ਪ੍ਰਭੂ-ਪਾਤਿਸ਼ਾਹ ਦੀ ਭਗਤੀ (ਸਦਾ) ਫਲ ਦੇਣ ਵਾਲੀ ਹੈ।
49125	1146	ਕਰਨ ਕਰਾਵਨਹਾਰ ਸੁਆਮੀ ਤਾ ਤੇ ਬਿਰਥਾ ਕੋਇ ਨ ਜਾਇ॥੧॥ਰਹਾਉ॥		Karan Karaavanehaar Suaamee Thaa Thae Birathhaa Koe N Jaae ||1|| Rehaao ||	Our Lord and Master is the Creator, the Cause of causes; no one is turned away from His Door empty-handed. ||1||Pause||	ਉਹ ਮਾਲਕ-ਪ੍ਰਭੂ ਸਭ ਕੁਝ ਕਰਨ ਦੀ ਸਮਰਥਾ ਵਾਲਾ ਹੈ ਤੇ ਜੀਵਾਂ ਪਾਸੋਂ ਸਭ ਕੁਝ ਕਰਾ ਸਕਦਾ ਹੈ, ਉਸ ਦੇ ਦਰ ਤੋਂ ਕੋਈ ਜੀਵ ਖ਼ਾਲੀ ਨਹੀਂ ਜਾਂਦਾ ॥੧॥ ਰਹਾਉ ॥
49126	1146	ਰੋਗੀ ਕਾ ਪ੍ਰਭ ਖੰਡਹੁ ਰੋਗੁ॥		Rogee Kaa Prabh Khanddahu Rog ||	God eradicates the disease from the diseased person.	ਹੇ ਪ੍ਰਭੂ! ਤੂ (ਆਪਣਾ ਨਾਮ-ਦਾਰੂ ਦੇ ਕੇ) ਰੋਗੀ ਦਾ ਰੋਗ ਨਾਸ ਕਰ ਦੇਂਦਾ ਹੈਂ,
49127	1146	ਦੁਖੀਏ ਕਾ ਮਿਟਾਵਹੁ ਪ੍ਰਭ ਸੋਗੁ॥		Dhukheeeae Kaa Mittaavahu Prabh Sog ||	God takes away the sorrows of the suffering.	ਦੁਖੀਏ ਦਾ ਗ਼ਮ ਮਿਟਾ ਦੇਂਦਾ ਹੈਂ,
49128	1146	ਨਿਥਾਵੇ ਕਉ ਤੁਮ੍ਹ ਥਾਨਿ ਬੈਠਾਵਹੁ॥		Nithhaavae Ko Thumh Thhaan Baithaavahu ||	And those who have no place at all - You seat them upon the place.	ਜਿਸ ਨੂੰ ਕਿਤੇ ਭੀ ਸਹਾਰਾ ਨਹੀਂ ਮਿਲਦਾ ਤੂੰ ਉਸ ਨੂੰ (ਆਪਣਾ ਨਾਮ ਬਖ਼ਸ਼ ਕੇ) ਇੱਜ਼ਤ ਵਾਲੀ ਥਾਂ ਤੇ ਬਿਠਾ ਦੇਂਦਾ ਹੈਂ।

49129	1146	ਦਾਸ ਅਪਨੇ ਕਉ ਭਗਤੀ ਲਾਵਹੁ॥੨॥		Dhaas Apanae Ko Bhagathee Laavahu ||2||	You link Your slave to devotional worship. ||2||	ਹੇ ਪ੍ਰਭੂ! ਆਪਣੇ ਸੇਵਕ ਨੂੰ ਤੂੰ ਆਪ ਹੀ ਆਪਣੀ ਭਗਤੀ ਵਿਚ ਜੋੜਦਾ ਹੈਂ ॥੨॥
49130	1146	ਨਿਮਾਣੇ ਕਉ ਪ੍ਰਭ ਦੇਤੋ ਮਾਨੁ॥		Nimaanae Ko Prabh Dhaetho Maan ||	God bestows honor on the dishonored.	ਹੇ ਪ੍ਰਭੂ! ਜਿਸ ਮਨੁੱਖ ਨੂੰ ਕਿਤੇ ਭੀ ਆਦਰ-ਸਤਕਾਰ ਨਹੀਂ ਮਿਲਦਾ, ਉਸ ਨੂੰ ਤੂੰ (ਆਪਣੀ ਭਗਤੀ ਦੀ ਦਾਤ ਦੇ ਕੇ ਹਰ ਥਾਂ) ਇੱਜ਼ਤ ਬਖ਼ਸ਼ਦਾ ਹੈਂ।
49131	1146	ਮੂੜ ਮੁਗਧੁ ਹੋਇ ਚਤੁਰ ਸੁਗਿਆਨੁ॥		Moorr Mugadhh Hoe Chathur Sugiaan ||	He makes the foolish and ignorant become clever and wise.	(ਤੇਰੀ ਭਗਤੀ ਦੀ ਬਰਕਤਿ ਨਾਲ) ਮਹਾਂ ਮੂਰਖ ਮਨੁੱਖ ਸਿਆਣਾ ਹੋ ਜਾਂਦਾ ਹੈ ਗਿਆਨਵਾਨ ਹੋ ਜਾਂਦਾ ਹੈ।
49132	1146	ਸਗਲ ਭਇਆਨ ਕਾ ਭਉ ਨਸੈ॥	ਭ-ਇਆਨ, ਨੱਸੈ	Sagal Bhaeiaan Kaa Bho Nasai ||	The fear of all fear disappears.	(ਉਸ ਦੇ ਮਨ ਵਿਚੋਂ) ਸਾਰੇ ਡਰਾਣ ਵਾਲਿਆਂ ਦਾ ਡਰ ਦੂਰ ਹੋ ਜਾਂਦਾ ਹੈ।
49133	1146	ਜਨ ਅਪਨੇ ਕੈ ਹਰਿ ਮਨਿ ਬਸੈ॥੩॥		Jan Apanae Kai Har Man Basai ||3||	The Lord dwells within the mind of His humble servant. ||3||	ਪਰਮਾਤਮਾ ਆਪਣੇ ਸੇਵਕ ਦੇ (ਸਦਾ) ਮਨ ਵਿਚ ਵੱਸਦਾ ਹੈ ॥੩॥
49134	1146	ਪਾਰਬ੍ਰਹਮ ਪ੍ਰਭ ਸੂਖ ਨਿਧਾਨ॥		Paarabreham Prabh Sookh Nidhhaan ||	The Supreme Lord God is the Treasure of Peace.	ਪਰਮੇਸਰ ਪ੍ਰਭੂ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ,
49135	1146	ਤਤੁ ਗਿਆਨੁ ਹਰਿ ਅੰਮ੍ਰਿਤ ਨਾਮ॥		Thath Giaan Har Anmrith Naam ||	The Ambrosial Name of the Lord is the essence of reality.	ਉਸ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਆਤਮਕ ਜੀਵਨ ਦੀ ਸੂਝ ਦੇਂਦਾ ਹੈ ਰਾਜ਼ ਸਮਝਾਂਦਾ ਹੈ।

49136	1146	ਕਰਿ ਕਿਰਪਾ ਸੰਤ ਟਹਲੈ ਲਾਏ॥		Kar Kirapaa Santh Ttehalai Laaeae ||	Granting His Grace, He enjoins the mortals to serve the Saints.	ਮਿਹਰ ਕਰ ਕੇ ਜਿਸ ਮਨੁੱਖ ਨੂੰ ਉਹ ਆਪ ਸੰਤ ਜਨਾਂ ਦੀ ਸੇਵਾ ਵਿਚ ਜੋੜਦਾ ਹੈ,
49137	1146	ਨਾਨਕ ਸਾਧੂਸੰਗਿ ਸਮਾਏ॥੪॥੨੩॥੩੬॥		Naanak Saadhhoo Sang Samaaeae ||4||23||36||	O Nanak, such a person merges in the Saadh Sangat, the Company of the Holy. ||4||23||36||	ਹੇ ਨਾਨਕ! ਉਹ ਮਨੁੱਖ (ਸਦਾ) ਸਾਧ ਸੰਗਤ ਵਿਚ ਟਿਕਿਆ ਰਹਿੰਦਾ ਹੈ ॥੪॥੨੩॥੩੬॥
49138	1146	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49139	1146	ਸੰਤ ਮੰਡਲ ਮਹਿ ਹਰਿ ਮਨਿ ਵਸੈ॥		Santh Manddal Mehi Har Man Vasai ||	In the Realm of the Saints, the Lord dwells in the mind.	ਸਾਧ ਸੰਗਤ ਵਿਚ (ਰਿਹਾਂ) ਪਰਮਾਤਮਾ (ਮਨੁੱਖ ਦੇ) ਮਨ ਵਿਚ ਆ ਵੱਸਦਾ ਹੈ (ਪਰਗਟ ਹੋ ਪੈਂਦਾ ਹੈ)।
49140	1146	ਸੰਤ ਮੰਡਲ ਮਹਿ ਦੁਰਤੁ ਸਭੁ ਨਸੈ॥	ਨੱਸੈ	Santh Manddal Mehi Dhurath Sabh Nasai ||	In the Realm of the Saints, all sins run away.	ਸਾਧ ਸੰਗਤ ਵਿਚ ਟਿਕਿਆਂ (ਹਿਰਦੇ ਵਿਚੋਂ) ਹਰੇਕ ਕਿਸਮ ਦਾ ਪਾਪ ਦੂਰ ਹੋ ਜਾਂਦਾ ਹੈ।
49141	1146	ਸੰਤ ਮੰਡਲ ਮਹਿ ਨਿਰਮਲ ਰੀਤਿ॥		Santh Manddal Mehi Niramal Reeth ||	In the Realm of the Saints, one's lifestyle is immaculate.	ਸਾਧ ਸੰਗਤ ਵਿਚ ਰਿਹਾਂ (ਮਨੁੱਖ ਦੀ) ਜੀਵਨ-ਜੁਗਤਿ ਵਿਕਾਰਾਂ ਦੀ ਮੈਲ ਤੋਂ ਸਾਫ਼ ਰੱਖਣ ਵਾਲੀ ਬਣ ਜਾਂਦੀ ਹੈ,
49142	1146	ਸੰਤਸੰਗਿ ਹੋਇ ਏਕ ਪਰੀਤਿ॥੧॥		Santhasang Hoe Eaek Pareeth ||1||	In the Society of the Saints, one comes to love the One Lord. ||1||	ਸਾਧ ਸੰਗਤ ਦੀ ਬਰਕਤਿ ਨਾਲ ਇਕ ਪਰਮਾਤਮਾ ਦਾ ਪਿਆਰ (ਹਿਰਦੇ ਵਿਚ ਪੈਦਾ) ਹੋ ਜਾਂਦਾ ਹੈ ॥੧॥
49143	1146	ਸੰਤ ਮੰਡਲੁ ਤਹਾ ਕਾ ਨਾਉ॥		Santh Manddal Thehaa Kaa Naao ||	That alone is called the Realm of the Saints,	ਸਾਧ ਸੰਗਤ ਉਸ ਥਾਂ ਦਾ ਨਾਮ ਹੈ,

49144	1146	ਪਾਰਬ੍ਰਹਮ ਕੇਵਲ ਗੁਣ ਗਾਉ॥੧॥ਰਹਾਉ॥		Paarabreham Kaeval Gun Gaao ||1|| Rehaao ||	Where only the Glorious Praises of the Supreme Lord God are sung. ||1||Pause||	ਜਿਥੇ ਸਿਰਫ਼ ਪਰਮਾਤਮਾ ਦੀ ਸਿਫ਼ਤ-ਸਾਲਾਹ ਹੁੰਦੀ ਹੈ ॥੧॥ ਰਹਾਉ ॥
49145	1146	ਸੰਤ ਮੰਡਲ ਮਹਿ ਜਨਮ ਮਰਣੁ ਰਹੈ॥		Santh Manddal Mehi Janam Maran Rehai ||	In the Realm of the Saints, birth and death are ended.	ਸਾਧ ਸੰਗਤ ਵਿਚ ਰਿਹਾਂ ਜਨਮ ਮਰਨ (ਦਾ ਗੇੜ) ਮੁੱਕ ਜਾਂਦਾ ਹੈ,
49146	1146	ਸੰਤ ਮੰਡਲ ਮਹਿ ਜਮੁ ਕਿਛੂ ਨ ਕਹੈ॥		Santh Manddal Mehi Jam Kishhoo N Kehai ||	In the Realm of the Saints, the Messenger of Death cannot touch the mortal.	ਸਾਧ ਸੰਗਤ ਵਿਚ ਰਿਹਾਂ ਜਮਰਾਜ ਕੋਈ ਡਰਾਵਾ ਨਹੀਂ ਦੇ ਸਕਦਾ,
49147	1146	ਸੰਤਸੰਗਿ ਹੋਇ ਨਿਰਮਲ ਬਾਣੀ॥		Santhasang Hoe Niramal Baanee ||	In the Society of the Saints, one's speech becomes immaculate	(ਕਿਉਂਕਿ) ਸਾਧ ਸੰਗਤ ਵਿਚ (ਜੀਵਨ ਨੂੰ) ਪਵਿੱਤਰ ਕਰਨ ਵਾਲੀ ਬਾਣੀ ਦਾ ਉਚਾਰਨ ਹੁੰਦਾ ਹੈ,
49148	1146	ਸੰਤ ਮੰਡਲ ਮਹਿ ਨਾਮੁ ਵਖਾਣੀ॥੨॥		Santh Manddal Mehi Naam Vakhaanee ||2||	In the realm of the saints, the Lord's Name is chanted. ||2||	(ਉਥੇ) ਸਾਧ ਸੰਗਤ ਵਿਚ ਪਰਮਾਤਮਾ ਦਾ ਨਾਮ (ਹੀ) ਉਚਾਰਿਆ ਜਾਂਦਾ ਹੈ ॥੨॥
49149	1146	ਸੰਤ ਮੰਡਲ ਕਾ ਨਿਹਚਲ ਆਸਨੁ॥		Santh Manddal Kaa Nihachal Aasan ||	The Realm of the Saints is the eternal, ever-stable place.	ਸਾਧ ਸੰਗਤ ਦਾ ਟਿਕਾਣਾ (ਐਸਾ ਹੈ ਕਿ ਉਥੇ ਟਿਕਣ ਵਾਲੇ ਵਿਕਾਰਾਂ ਦੇ ਹੱਲਿਆਂ ਤੋਂ) ਅਡੋਲ (ਰਹਿੰਦੇ ਹਨ),
49150	1146	ਸੰਤ ਮੰਡਲ ਮਹਿ ਪਾਪ ਬਿਨਾਸਨੁ॥		Santh Manddal Mehi Paap Binaasan ||	In the Realm of the Saints, sins are destroyed.	ਸਾਧ ਸੰਗਤ ਵਿਚ ਰਿਹਾਂ (ਸਾਰੇ) ਪਾਪਾਂ ਦਾ ਨਾਸ ਹੋ ਜਾਂਦਾ ਹੈ।

49151	1146	ਸੰਤ ਮੰਡਲ ਮਹਿ ਨਿਰਮਲ ਕਥਾ॥		Santh Manddal Mehi Niramal Kathhaa ||	In the Realm of the Saints, the immaculate sermon is spoken.	ਸਾਧ ਸੰਗਤ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਹੁੰਦੀ ਰਹਿੰਦੀ ਹੈ ਜੋ (ਮਨੁੱਖ ਨੂੰ) ਵਿਕਾਰਾਂ ਦੀ ਮੈਲ ਤੋਂ ਬਚਾਈ ਰੱਖਦੀ ਹੈ।
49152	1146	ਸੰਤਸੰਗਿ ਹਉਮੈ ਦੁਖ ਨਸਾ॥੩॥	ਨੱਸਾ	Santhasang Houmai Dhukh Nasaa ||3||	In the Society of the Saints, the pain of egotism runs away. ||3||	ਸਾਧ ਸੰਗਤ ਵਿਚ ਰਹਿ ਕੇ ਹਉਮੈ (ਤੋਂ ਪੈਦਾ ਹੋਣ ਵਾਲੇ ਸਾਰੇ) ਦੁੱਖ ਦੂਰ ਹੋ ਜਾਂਦੇ ਹਨ ॥੩॥
49153	1146	ਸੰਤ ਮੰਡਲ ਕਾ ਨਹੀ ਬਿਨਾਸੁ॥		Santh Manddal Kaa Nehee Binaas ||	The Realm of the Saints cannot be destroyed.	ਸਾਧ ਸੰਗਤ ਦੇ ਵਾਯੂ-ਮੰਡਲ ਦਾ ਕਦੇ ਨਾਸ ਨਹੀਂ ਹੁੰਦਾ।
49154	1146	ਸੰਤ ਮੰਡਲ ਮਹਿ ਹਰਿ ਗੁਣਤਾਸੁ॥		Santh Manddal Mehi Har Gunathaas ||	In the Realm of the Saints, is the Lord, the Treasure of Virtue.	ਸਾਧ ਸੰਗਤ ਵਿਚ ਗੁਣਾਂ ਦਾ ਖ਼ਜ਼ਾਨਾ ਪਰਮਾਤਮਾ (ਸਦਾ) ਵੱਸਦਾ ਹੈ,
49155	1146	ਸੰਤ ਮੰਡਲ ਠਾਕੁਰ ਬਿਸ੍ਰਾਮੁ॥		Santh Manddal Thaakur Bisraam ||	The Realm of the Saints is the resting place of our Lord and Master.	ਸਾਧ ਸੰਗਤ ਵਿਚ ਸਦਾ ਮਾਲਕ-ਪ੍ਰਭੂ ਦਾ ਨਿਵਾਸ ਹੈ।
49156	1146	ਨਾਨਕ ਓਤਿ ਪੋਤਿ ਭਗਵਾਨੁ॥੪॥੨੪॥ ੩੭॥		Naanak Outh Poth Bhagavaan ||4||24||37||	O Nanak, He is woven into the fabric of His devotees, through and through. ||4||24||37||	ਹੇ ਨਾਨਕ! ਭਗਵਾਨ-ਪ੍ਰਭੂ (ਸਾਧ ਸੰਗਤ ਵਿਚ) ਤਾਣੇ ਪੇਟੇ ਵਾਂਗ ਮਿਲਿਆ ਰਹਿੰਦਾ ਹੈ ॥੪॥੨੪॥੩੭॥
49157	1146	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	

49158	1146	ਰੋਗੁ ਕਵਨੁ ਜਾਂ ਰਾਖੈ ਆਪਿ॥		Rog Kavan Jaan Raakhai Aap ||	Why worry about disease, when the Lord Himself protects us?	ਜਦੋਂ ਪਰਮਾਤਮਾ ਆਪ (ਕਿਸੇ ਮਨੁੱਖ ਦੀ) ਰੱਖਿਆ ਕਰਦਾ ਹੈ, ਉਸ ਮਨੁੱਖ ਨੂੰ ਕੋਈ ਰੋਗ ਵਿਆਪ ਨਹੀਂ ਸਕਦਾ।
49159	1146	ਤਿਸੁ ਜਨ ਹੋਇ ਨ ਦੂਖੁ ਸੰਤਾਪੁ॥		This Jan Hoe N Dhookh Santhaap ||	That person whom the Lord protects, does not suffer pain and sorrow.	ਉਸ ਮਨੁੱਖ ਨੂੰ ਕੋਈ ਦੁੱਖ ਕੋਈ ਕਲੇਸ਼ ਉਸ ਨੂੰ ਪੋਹ ਨਹੀਂ ਸਕਦਾ।
49160	1146	ਜਿਸੁ ਊਪਰਿ ਪ੍ਰਭੁ ਕਿਰਪਾ ਕਰੈ॥		Jis Oopar Prabh Kirapaa Karai ||	That person, upon whom God showers His Mercy	ਪਰਮਾਤਮਾ ਜਿਸ ਮਨੁੱਖ ਉੱਤੇ ਮਿਹਰ ਕਰਦਾ ਹੈ,
49161	1146	ਤਿਸੁ ਊਪਰ ਤੇ ਕਾਲੁ ਪਰਹਰੈ॥੧॥		This Oopar Thae Kaal Pareharai ||1||	- Death hovering above him is turned away. ||1||	ਉਸ ਦੇ ਸਿਰ ਉੱਤੋਂ ਉਹ ਮੌਤ (ਦਾ ਡਰ, ਆਤਮਕ ਮੌਤ) ਦੂਰ ਕਰ ਦੇਂਦਾ ਹੈ ॥੧॥
49162	1146	ਸਦਾ ਸਖਾਈ ਹਰਿ ਹਰਿ ਨਾਮੁ॥		Sadhaa Sakhaaee Har Har Naam ||	The Name of the Lord, Har, Har, is forever our Help and Support.	ਪਰਮਾਤਮਾ ਦਾ ਨਾਮ (ਹੀ ਮਨੁੱਖ ਦਾ) ਸਦਾ ਸਾਥੀ ਹੈ।
49163	1146	ਜਿਸੁ ਚੀਤਿ ਆਵੈ ਤਿਸੁ ਸਦਾ ਸੁਖੁ ਹੋਵੈ ਨਿਕਟਿ ਨ ਆਵੈ ਤਾ ਕੈ ਜਾਮੁ॥੧॥ਰਹਾਉ॥		Jis Cheeth Aavai This Sadhaa Sukh Hovai Nikatt N Aavai Thaa Kai Jaam ||1|| Rehaao ||	When He comes to mind, the mortal finds lasting peace, and the Messenger of Death cannot even approach him. ||1||Pause||	ਜਿਸ ਮਨੁੱਖ ਦੇ ਚਿੱਤ ਵਿਚ ਹਰਿ-ਨਾਮ ਆ ਵੱਸਦਾ ਹੈ, ਉਹ ਸਦਾ ਆਤਮਕ ਆਨੰਦ ਮਾਣਦਾ ਹੈ, ਜਮਰਾਜ ਉਸ ਦੇ ਨੇੜੇ ਨਹੀਂ ਆਉਂਦਾ (ਉਸ ਨੂੰ ਮੌਤ ਦਾ ਡਰ ਨਹੀਂ ਰਹਿੰਦਾ। ਆਤਮਕ ਮੌਤ ਉਸ ਦੇ ਨੇੜੇ ਨਹੀਂ ਢੁਕਦੀ) ॥੧॥ ਰਹਾਉ ॥

49164	1146	ਜਬ ਇਹੁ ਨ ਸੋ ਤਬ ਕਿਨਹਿ ਉਪਾਇਆ॥	ਜਦੋਂ ਇਹ ਕਿਛ ਭੀ ਨਹੀਂ ਬਣਿਆਂ (ਸੋ) ਸੀ	Jab Eihu N So Thab Kinehi Oupaaeiaa ||	When this being did not exist, who created him then?	ਜਦੋਂ ਇਹ ਜੀਵ ਪਹਿਲਾਂ ਹੈ ਹੀ ਨਹੀਂ ਸੀ ਤਦੋਂ (ਪਰਮਾਤਮਾ ਤੋਂ ਬਿਨਾ ਹੋਰ) ਕਿਸ ਨੇ ਇਸ ਨੂੰ ਪੈਦਾ ਕਰ ਸਕਣਾ ਸੀ?
49165	1146	ਕਵਨ ਮੂਲ ਤੇ ਕਿਆ ਪ੍ਰਗਟਾਇਆ॥		Kavan Mool Thae Kiaa Pragattaaeiaa ||	What has been produced from the source?	(ਵੇਖੋ,) ਕਿਸ ਮੁੱਢ ਤੋਂ (ਪਿਤਾ ਦੀ ਬੂੰਦ ਤੋਂ) ਇਸ ਦੀ ਕੈਸੀ ਸੋਹਣੀ ਸੂਰਤ (ਪਰਮਾਤਮਾ ਨੇ) ਬਣਾ ਦਿੱਤੀ।
49166	1146	ਆਪਹਿ ਮਾਰਿ ਆਪਿ ਜੀਵਾਲੈ॥		Aapehi Maar Aap Jeevaalai ||	He Himself kills, and He Himself rejuvenates.	ਉਹ ਆਪ ਹੀ (ਜੀਵ ਨੂੰ) ਮਾਰਦਾ ਹੈ ਆਪ ਹੀ ਪੈਦਾ ਕਰਦਾ ਹੈ।
49167	1146	ਅਪਨੇ ਭਗਤ ਕਉ ਸਦਾ ਪ੍ਰਤਿਪਾਲੈ॥੨॥		Apanae Bhagath Ko Sadhaa Prathipaalai ||2||	He cherishes His devotees forever. ||2||	ਪਰਮਾਤਮਾ ਆਪਣੇ ਭਗਤ ਦੀ ਸਦਾ ਰੱਖਿਆ ਕਰਦਾ ਹੈ ॥੨॥
49168	1146	ਸਭ ਕਿਛੁ ਜਾਣਹੁ ਤਿਸ ਕੈ ਹਾਥ॥		Sabh Kishh Jaanahu This Kai Haathh ||	Know that everything is in His Hands.	ਇਹ ਸੱਚ ਜਾਣੋ ਕਿ ਹਰੇਕ ਤਾਕਤ ਉਸ ਪਰਮਾਤਮਾ ਦੇ ਹੱਥਾਂ ਵਿਚ ਹੈ।
49169	1146	ਪ੍ਰਭੁ ਮੇਰੋ ਅਨਾਥ ਕੋ ਨਾਥ॥		Prabh Maero Anaathh Ko Naathh ||	My God is the Master of the masterless.	ਉਹ ਪਿਆਰਾ ਪ੍ਰਭੂ ਨਿਖਸਮਿਆਂ ਦਾ ਖਸਮ ਹੈ।
49170	1146	ਦੁਖਭੰਜਨੁ ਤਾ ਕਾ ਹੈ ਨਾਉ॥		Dhukh Bhanjan Thaa Kaa Hai Naao ||	His Name is the Destroyer of pain.	ਉਸ ਦਾ ਨਾਮ ਹੀ ਹੈ 'ਦੁਖ-ਭੰਜਨੁ' (ਭਾਵ, ਦੁੱਖਾਂ ਦਾ ਨਾਸ ਕਰਨ ਵਾਲਾ)।
49171	1146	ਸੁਖ ਪਾਵਹਿ ਤਿਸ ਕੇ ਗੁਣ ਗਾਉ॥੩॥		Sukh Paavehi This Kae Gun Gaao ||3||	Singing His Glorious Praises, you shall find peace. ||3||	ਉਸ ਦੇ ਗੁਣ ਗਾਇਆ ਕਰ, ਸਾਰੇ ਸੁਖ ਪ੍ਰਾਪਤ ਕਰੇਂਗਾ ॥੩॥

49172	1146	ਸੁਣਿ ਸੁਆਮੀ ਸੰਤਨ ਅਰਦਾਸਿ॥		Sun Suaamee Santhan Aradhaas ||	O my Lord and Master, please listen to the prayer of Your Saint.	ਹੇ ਸੁਆਮੀ! ਤੂੰ ਆਪਣੇ ਸੰਤ ਜਨਾਂ ਦੀ ਅਰਜ਼ੋਈ ਸੁਣ ਲੈਂਦਾ ਹੈਂ।
49173	1146	ਜੀਉ ਪ੍ਰਾਨ ਧਨੁ ਤੁਮ੍ਰੈ ਪਾਸਿ॥		Jeeo Praan Dhhan Thumharai Paas ||	I place my soul, my breath of life and wealth before You.	ਸੰਤ ਜਨ ਆਪਣੀ ਜਿੰਦ ਆਪਣੇ ਪ੍ਰਾਣ ਆਪਣਾ ਧਨ ਸਭ ਕੁਝ ਤੇਰੇ ਹਵਾਲੇ ਕਰੀ ਰੱਖਦੇ ਹਨ।
49174	1146	ਇਹੁ ਜਗੁ ਤੇਰਾ ਸਭ ਤੁਝਹਿ ਧਿਆਏ॥		Eihu Jag Thaeraa Sabh Thujhehi Dhhiaaeae ||	All this world is Yours; it meditates on You.	ਹੇ ਪ੍ਰਭੂ! ਇਹ ਸਾਰਾ ਜਗਤ ਤੇਰਾ ਪੈਦਾ ਕੀਤਾ ਹੋਇਆ ਹੈ, ਸਾਰੀ ਲੁਕਾਈ ਤੇਰਾ ਹੀ ਧਿਆਨ ਧਰਦੀ ਹੈ।
49175	1147	ਕਰਿ ਕਿਰਪਾ ਨਾਨਕ ਸੁਖੁ ਪਾਏ॥੪॥੨੫॥੩੮॥		Kar Kirapaa Naanak Sukh Paaeae ||4||25||38||	Please shower Nanak with Your Mercy and bless him with peace. ||4||25||38||	ਹੇ ਨਾਨਕ! ਮਿਹਰ ਕਰ ਕੇ (ਜਿਸ ਨੂੰ ਤੂੰ ਆਪਣਾ ਨਾਮ ਬਖ਼ਸ਼ਦਾ ਹੈਂ, ਉਹ ਮਨੁੱਖ) ਆਤਮਕ ਆਨੰਦ ਮਾਣਦਾ ਹੈ ॥੪॥੨੫॥੩੮॥
49176	1147	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49177	1147	ਤੇਰੀ ਟੇਕ ਰਹਾ ਕਲਿ ਮਾਹਿ॥		Thaeree Ttaek Rehaa Kal Maahi ||	With Your Support, I survive in the Dark Age of Kali Yuga.	ਹੇ ਪ੍ਰਭੂ! ਇਸ ਵਿਕਾਰ-ਭਰੇ ਜਗਤ ਵਿਚ ਮੈਂ ਤੇਰੇ ਆਸਰੇ ਹੀ ਜੀਉਂਦਾ ਹਾਂ।
49178	1147	ਤੇਰੀ ਟੇਕ ਤੇਰੇ ਗੁਣ ਗਾਹਿ॥		Thaeree Ttaek Thaerae Gun Gaahi ||	With Your Support, I sing Your Glorious Praises.	ਹੇ ਪ੍ਰਭੂ! (ਸਭ ਜੀਵ) ਤੇਰੇ ਹੀ ਸਹਾਰੇ ਹਨ, ਤੇਰੇ ਹੀ ਗੁਣ ਗਾਂਦੇ ਹਨ।

49179	1147	ਤੇਰੀ ਟੇਕ ਨ ਪੋਹੈ ਕਾਲੁ॥		Thaeree Ttaek N Pohai Kaal ||	With Your Support, death cannot even touch me.	ਹੇ ਪ੍ਰਭੂ! ਜਿਸ ਮਨੁੱਖ ਨੂੰ ਤੇਰਾ ਆਸਰਾ ਹੈ ਉਸ ਉਤੇ ਆਤਮਕ ਮੌਤ ਆਪਣਾ ਪ੍ਰਭਾਵ ਨਹੀਂ ਪਾ ਸਕਦੀ।
49180	1147	ਤੇਰੀ ਟੇਕ ਬਿਨਸੈ ਜੰਜਾਲੁ॥੧॥		Thaeree Ttaek Binasai Janjaal ||1||	With Your Support, my entanglements vanish. ||1||	ਤੇਰੇ ਆਸਰੇ (ਮਨੁੱਖ ਦੀ) ਮਾਇਆ ਦੇ ਮੋਹ ਦੀ ਫਾਹੀ ਟੁੱਟ ਜਾਂਦੀ ਹੈ ॥੧॥
49181	1147	ਦੀਨ ਦੁਨੀਆ ਤੇਰੀ ਟੇਕ॥		Dheen Dhuneeaa Thaeree Ttaek ||	In this world and the next, I have Your Support.	ਹੇ ਪ੍ਰਭੂ! ਇਸ ਲੋਕ ਤੇ ਪਰਲੋਕ ਵਿਚ (ਅਸਾਂ ਜੀਵਾਂ ਨੂੰ) ਤੇਰਾ ਹੀ ਸਹਾਰਾ ਹੈ।
49182	1147	ਸਭ ਮਹਿ ਰਵਿਆ ਸਾਹਿਬੁ ਏਕ॥੧॥ਰਹਾਉ॥		Sabh Mehi Raviaa Saahib Eaek ||1|| Rehaao ||	The One Lord, our Lord and Master, is all-pervading. ||1||Pause||	ਸਾਰੀ ਸ੍ਰਿਸ਼ਟੀ ਵਿਚ ਮਾਲਕ-ਪ੍ਰਭੂ ਹੀ ਵਿਆਪਕ ਹੈ ॥੧॥ ਰਹਾਉ ॥
49183	1147	ਤੇਰੀ ਟੇਕ ਕਰਉ ਆਨੰਦ॥		Thaeree Ttaek Karo Aanandh ||	With Your Support, I celebrate blissfully.	ਹੇ ਪ੍ਰਭੂ! ਮੈਂ ਤੇਰੇ ਨਾਮ ਦਾ ਆਸਰਾ ਲੈ ਕੇ ਹੀ ਆਤਮਕ ਆਨੰਦ ਮਾਣਦਾ ਹਾਂ
49184	1147	ਤੇਰੀ ਟੇਕ ਜਪਉ ਗੁਰ ਮੰਤ॥		Thaeree Ttaek Japo Gur Manth ||	With Your Support, I chant the Guru's Mantra.	ਅਤੇ ਤੇਰੇ ਨਾਮ ਦੇ ਆਸਰਾ ਲੈ ਕੇ ਹੀ ਗੁਰੂ ਦਾ ਦਿੱਤਾ ਹੋਇਆ ਤੇਰਾ ਨਾਮ-ਮੰਤ੍ਰ ਜਪਦਾ ਰਹਿੰਦਾ ਹਾਂ।
49185	1147	ਤੇਰੀ ਟੇਕ ਤਰੀਐ ਭਉ ਸਾਗਰੁ॥		Thaeree Ttaek Thareeai Bho Saagar ||	With Your Support, I cross over the terrifying world-ocean.	ਹੇ ਪ੍ਰਭੂ! ਤੇਰੇ (ਨਾਮ ਦੇ) ਸਹਾਰੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ,
49186	1147	ਰਾਖਣਹਾਰੁ ਪੂਰਾ ਸੁਖਸਾਗਰੁ॥੨॥		Raakhanehaar Pooraa Sukh Saagar ||2||	The Perfect Lord, our Protector and Savior, is the Ocean of Peace. ||2||	ਤੂੰ ਸਭ ਦੀ ਰੱਖਿਆ ਕਰਨ ਦੇ ਸਮਰੱਥ ਹੈਂ, ਤੂੰ ਸਾਰੇ ਸੁਖਾਂ ਦਾ (ਮਾਨੋ) ਸਮੁੰਦਰ ਹੈਂ ॥੨॥

49187	1147	ਤੇਰੀ ਟੇਕ ਨਾਹੀ ਭਉ ਕੋਇ॥		Thaeree Ttaek Naahee Bho Koe ||	With Your Support, I have no fear.	ਹੇ ਪ੍ਰਭੂ! ਜਿਸ ਨੂੰ ਤੇਰੇ ਨਾਮ ਦਾ ਆਸਰਾ ਹੈ ਉਸ ਨੂੰ ਕੋਈ ਡਰ ਵਿਆਪ ਨਹੀਂ ਸਕਦਾ।
49188	1147	ਅੰਤਰਜਾਮੀ ਸਾਚਾ ਸੋਇ॥		Antharajaamee Saachaa Soe ||	The True Lord is the Inner-knower, the Searcher of hearts.	ਉਹ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਹੀ ਸਭ ਦੇ ਦਿਲ ਦੀ ਜਾਣਨ ਵਾਲਾ ਹੈ।
49189	1147	ਤੇਰੀ ਟੇਕ ਤੇਰਾ ਮਨਿ ਤਾਣੁ॥		Thaeree Ttaek Thaeraa Man Thaan ||	With Your Support, my mind is filled with Your Power.	ਹੇ ਪ੍ਰਭੂ! ਸਭ ਜੀਵਾਂ ਨੂੰ ਤੇਰਾ ਹੀ ਆਸਰਾ ਹੈ, ਸਭ ਦੇ ਮਨ ਵਿਚ ਤੇਰੇ ਨਾਮ ਦਾ ਹੀ ਸਹਾਰਾ ਹੈ।
49190	1147	ਈਹਾਂ ਊਹਾਂ ਤੂ ਦੀਬਾਣੁ॥੩॥		Eehaan Oohaan Thoo Dheebaan ||3||	Here and there, You are my Court of Appeal. ||3||	ਇਸ ਲੋਕ ਤੇ ਪਰਲੋਕ ਵਿਚ ਤੂੰ ਹੀ ਜੀਵਾਂ ਦਾ ਆਸਰਾ ਹੈਂ ॥੩॥
49191	1147	ਤੇਰੀ ਟੇਕ ਤੇਰਾ ਭਰਵਾਸਾ॥		Thaeree Ttaek Thaeraa Bharavaasaa ||	I take Your Support, and place my faith in You.	ਹੇ ਪ੍ਰਭੂ! (ਅਸਾਂ ਜੀਵਾਂ ਨੂੰ) ਤੇਰੀ ਹੀ ਟੇਕ ਹੈ ਤੇਰਾ ਹੀ ਆਸਰਾ ਹੈ,
49192	1147	ਸਗਲ ਧਿਆਵਹਿ ਪ੍ਰਭ ਗੁਣਤਾਸਾ॥		Sagal Dhhiaavehi Prabh Gunathaasaa ||	All meditate on God, the Treasure of Virtue.	ਹੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ! ਸਭ ਜੀਵ ਤੇਰਾ ਹੀ ਧਿਆਨ ਧਰਦੇ ਹਨ,
49193	1147	ਜਪਿ ਜਪਿ ਅਨਦੁ ਕਰਹਿ ਤੇਰੇ ਦਾਸਾ॥		Jap Jap Anadh Karehi Thaerae Dhaasaa ||	Chanting and meditating on You, Your slaves celebrate in bliss.	ਤੇਰੇ ਦਾਸ ਤੇਰਾ ਨਾਮ ਜਪ ਜਪ ਕੇ ਆਤਮਕ ਆਨੰਦ ਮਾਣਦੇ ਹਨ।
49194	1147	ਸਿਮਰਿ ਨਾਨਕ ਸਾਚੇ ਗੁਣਤਾਸਾ ॥੪॥੨੬॥੩੯॥		Simar Naanak Saachae Gunathaasaa ||4||26||39||	Nanak meditates in remembrance on the True Lord, the Treasure of Virtue. ||4||26||39||	ਹੇ ਨਾਨਕ! (ਤੂੰ ਭੀ) ਸਦਾ ਕਾਇਮ ਰਹਿਣ ਵਾਲੇ ਅਤੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦਾ ਨਾਮ ਸਿਮਰਿਆ ਕਰ ॥੪॥੨੬॥੩੯॥

49195	1147	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49196	1147	ਪ੍ਰਥਮੇ ਛੋਡੀ ਪਰਾਈ ਨਿੰਦਾ॥		Prathhamae Shhoddee Paraaee Nindhaa ||	First, I gave up slandering others.	(ਅਸਲ ਵੈਸ਼ਨਵ) ਸਭ ਤੋਂ ਪਹਿਲਾਂ ਦੂਜਿਆਂ ਦੇ ਐਬ ਲੱਭਣੇ ਛੱਡ ਦੇਂਦਾ ਹੈ।
49197	1147	ਉਤਰਿ ਗਈ ਸਭ ਮਨ ਕੀ ਚਿੰਦਾ॥		Outhar Gee Sabh Man Kee Chindhaa ||	All the anxiety of my mind was dispelled.	(ਉਸ ਦੇ ਆਪਣੇ) ਮਨ ਦੀ ਸਾਰੀ ਚਿੰਤਾ ਲਹਿ ਜਾਂਦੀ ਹੈ (ਮਨ ਤੋਂ ਵਿਕਾਰਾਂ ਦਾ ਚਿੰਤਨ ਲਹਿ ਜਾਂਦਾ ਹੈ),
49198	1147	ਲੋਭੁ ਮੋਹੁ ਸਭੁ ਕੀਨੋ ਦੂਰਿ॥		Lobh Mohu Sabh Keeno Dhoor ||	Greed and attachment were totally banished.	ਉਹ ਮਨੁੱਖ (ਆਪਣੇ ਅੰਦਰੋਂ) ਲੋਭ ਅਤੇ ਮੋਹ ਸਾਰੇ ਦਾ ਸਾਰਾ ਦੂਰ ਕਰ ਦੇਂਦਾ ਹੈ।
49199	1147	ਪਰਮ ਬੈਸਨੋ ਪ੍ਰਭ ਪੇਖਿ ਹਜੂਰਿ॥੧॥		Param Baisano Prabh Paekh Hajoor ||1||	I see God ever-present, close at hand; I have become a great devotee. ||1||	ਪਰਮਾਤਮਾ ਨੂੰ ਅੰਗ-ਸੰਗ ਵੱਸਦਾ ਵੇਖ ਕੇ (ਮਨੁੱਖ) ਸਭ ਤੋਂ ਉੱਚਾ ਵੈਸ਼ਨਵ ਬਣ ਜਾਂਦਾ ਹੈ ॥੧॥
49200	1147	ਐਸੋ ਤਿਆਗੀ ਵਿਰਲਾ ਕੋਇ॥		Aiso Thiaagee Viralaa Koe ||	Such a renunciate is very rare.	(ਇਹੋ ਜਿਹਾ ਵੈਸ਼ਨਵ ਹੀ ਅਸਲ ਤਿਆਗੀ ਹੈ, ਪਰ) ਇਹੋ ਜਿਹਾ ਤਿਆਗੀ (ਜਗਤ ਵਿਚ) ਕੋਈ ਵਿਰਲਾ ਮਨੁੱਖ ਹੀ ਹੁੰਦਾ ਹੈ,
49201	1147	ਹਰਿ ਹਰਿ ਨਾਮੁ ਜਪੈ ਜਨੁ ਸੋਇ॥੧॥ਰਹਾਉ॥		Har Har Naam Japai Jan Soe ||1|| Rehaao ||	Such a humble servant chants the Name of the Lord, Har, Har. ||1||Pause||	ਉਹੀ ਮਨੁੱਖ (ਸਹੀ ਅਰਥਾਂ ਵਿਚ) ਪਰਮਾਤਮਾ ਦਾ ਨਾਮ ਜਪਦਾ ਹੈ ॥੧॥ ਰਹਾਉ ॥

49202	1147	ਅਹੰਬੁਧਿ ਕਾ ਛੋਡਿਆ ਸੰਗੁ॥		Ahanbudhh Kaa Shhoddiaa Sang ||	I have forsaken my egotistical intellect.	(ਜਿਹੜਾ ਮਨੁੱਖ ਪਰਮਾਤਮਾ ਨੂੰ ਹਾਜ਼ਰ-ਨਾਜ਼ਰ ਵੇਖ ਕੇ ਅਸਲ ਵੈਸ਼ਨਵ ਬਣ ਜਾਂਦਾ ਹੈ, ਉਹ) ਅਹੰਕਾਰ ਦਾ ਸਾਥ ਛੱਡ ਦੇਂਦਾ ਹੈ,
49203	1147	ਕਾਮ ਕ੍ਰੋਧ ਕਾ ਉਤਰਿਆ ਰੰਗੁ॥		Kaam Krodhh Kaa Outhariaa Rang ||	The love of sexual desire and anger has vanished.	(ਉਸ ਦੇ ਮਨ ਤੋਂ) ਕਾਮ ਅਤੇ ਕ੍ਰੋਧ ਦਾ ਅਸਰ ਦੂਰ ਹੋ ਜਾਂਦਾ ਹੈ,
49204	1147	ਨਾਮ ਧਿਆਏ ਹਰਿ ਹਰਿ ਹਰੇ॥		Naam Dhhiaaeae Har Har Harae ||	I meditate on the Naam, the Name of the Lord, Har, Har.	ਉਹ ਮਨੁੱਖ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਹੈ।
49205	1147	ਸਾਧ ਜਨਾ ਕੈ ਸੰਗਿ ਨਿਸਤਰੇ॥੨॥		Saadhh Janaa Kai Sang Nisatharae ||2||	In the Company of the Holy, I am emancipated. ||2||	ਅਜਿਹੇ ਮਨੁੱਖ ਸਾਧ ਸੰਗਤ ਵਿਚ ਰਹਿ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ ॥੨॥
49206	1147	ਬੈਰੀ ਮੀਤ ਹੋਏ ਸੰਮਾਨ॥		Bairee Meeth Hoeae Sanmaan ||	Enemy and friend are all the same to me.	ਉਸ ਨੂੰ ਵੈਰੀ ਅਤੇ ਮਿੱਤਰ ਇੱਕੋ ਜਿਹੇ (ਮਿੱਤਰ ਹੀ) ਦਿੱਸਦੇ ਹਨ,
49207	1147	ਸਰਬ ਮਹਿ ਪੂਰਨ ਭਗਵਾਨ॥		Sarab Mehi Pooran Bhagavaan ||	The Perfect Lord God is permeating all.	ਉਸ ਨੂੰ ਭਗਵਾਨ ਸਭ ਜੀਵਾਂ ਵਿਚ ਵਿਆਪਕ ਦਿੱਸਦਾ ਹੈ।
49208	1147	ਪ੍ਰਭ ਕੀ ਆਗਿਆ ਮਾਨਿ ਸੁਖੁ ਪਾਇਆ॥		Prabh Kee Aagiaa Maan Sukh Paaeiaa ||	Accepting the Will of God, I have found peace.	ਉਸ ਨੇ ਪਰਮਾਤਮਾ ਦੀ ਰਜ਼ਾ ਨੂੰ ਮਿੱਠਾ ਜਾਣ ਕੇ ਸਦਾ ਆਤਮਕ ਆਨੰਦ ਮਾਣਿਆ ਹੈ,

49209	1147	ਗੁਰਿ ਪੂਰੈ ਹਰਿ ਨਾਮੁ ਦ੍ਰਿੜਾਇਆ॥੩॥		Gur Poorai Har Naam Dhrirraaeiaa ||3||	The Perfect Guru has implanted the Name of the Lord within me. ||3||	ਜਿਸ ਮਨੁੱਖ ਦੇ ਹਿਰਦੇ ਵਿਚ ਪੂਰੇ ਗੁਰੂ ਨੇ ਪਰਮਾਤਮਾ ਦਾ ਨਾਮ ਪੱਕੇ ਤੌਰ ਤੇ ਟਿਕਾ ਦਿੱਤਾ ॥੩॥
49210	1147	ਕਰਿ ਕਿਰਪਾ ਜਿਸੁ ਰਾਖੈ ਆਪਿ॥		Kar Kirapaa Jis Raakhai Aap ||	That person, whom the Lord, in His Mercy, saves	ਪਰਮਾਤਮਾ ਆਪਣੀ ਮਿਹਰ ਕਰ ਕੇ ਜਿਸ ਮਨੁੱਖ ਦੀ ਆਪ ਰੱਖਿਆ ਕਰਦਾ ਹੈ,
49211	1147	ਸੋਈ ਭਗਤੁ ਜਪੈ ਨਾਮ ਜਾਪ॥		Soee Bhagath Japai Naam Jaap ||	That devotee chants and meditates on the Naam.	ਉਹੀ ਹੈ ਅਸਲ ਭਗਤ, ਉਹੀ ਉਸ ਦੇ ਨਾਮ ਦਾ ਜਾਪ ਜਪਦਾ ਹੈ।
49212	1147	ਮਨਿ ਪ੍ਰਗਾਸੁ ਗੁਰ ਤੇ ਮਤਿ ਲਈ॥		Man Pragaas Gur Thae Math Lee ||	That person, whose mind is illumined, and who obtains understanding through the Guru	ਜਿਸ ਮਨੁੱਖ ਨੇ ਗੁਰੂ ਪਾਸੋਂ (ਜੀਵਨ-ਜੁਗਤਿ ਦੀ) ਸਿੱਖਿਆ ਲੈ ਲਈ ਉਸ ਦੇ ਮਨ ਵਿਚ (ਆਤਮਕ ਜੀਵਨ ਦੀ ਸੂਝ ਦਾ) ਚਾਨਣ ਹੋ ਗਿਆ।
49213	1147	ਕਹੁ ਨਾਨਕ ਤਾ ਕੀ ਪੂਰੀ ਪਈ ॥੪॥੨੭॥੪੦॥		Kahu Naanak Thaa Kee Pooree Pee ||4||27||40||	- says Nanak, he is totally fulfilled. ||4||27||40||	ਨਾਨਕ ਆਖਦਾ ਹੈ- ਉਸ ਮਨੁੱਖ ਦੀ ਜ਼ਿੰਦਗੀ ਕਾਮਯਾਬ ਹੋ ਗਈ ॥੪॥੨੭॥੪੦॥
49214	1147	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49215	1147	ਸੁਖੁ ਨਾਹੀ ਬਹੁਤੈ ਧਨਿ ਖਾਟੇ॥		Sukh Naahee Bahuthai Dhhan Khaattae ||	There is no peace in earning lots of money.	ਬਹੁਤਾ ਧਨ ਖੱਟਣ ਨਾਲ (ਆਤਮਕ) ਆਨੰਦ ਨਹੀਂ ਮਿਲਦਾ,
49216	1147	ਸੁਖੁ ਨਾਹੀ ਪੇਖੇ ਨਿਰਤਿ ਨਾਟੇ॥		Sukh Naahee Paekhae Nirath Naattae ||	There is no peace in watching dances and plays.	ਨਾਟਕਾਂ ਦੇ ਨਾਚ ਵੇਖਿਆਂ ਭੀ ਆਤਮਕ ਆਨੰਦ ਨਹੀਂ ਪ੍ਰਾਪਤ ਹੁੰਦਾ।

49217	1147	ਸੁਖੁ ਨਾਹੀ ਬਹੁ ਦੇਸ ਕਮਾਏ॥		Sukh Naahee Bahu Dhaes Kamaaeae ||	There is no peace in conquering lots of countries.	ਬਹੁਤੇ ਦੇਸ ਜਿੱਤ ਲੈਣ ਨਾਲ ਭੀ ਸੁਖ ਨਹੀਂ ਮਿਲਦਾ।
49218	1147	ਸਰਬ ਸੁਖਾ ਹਰਿ ਹਰਿ ਗੁਣ ਗਾਏ॥੧॥		Sarab Sukhaa Har Har Gun Gaaeae ||1||	All peace comes from singing the Glorious Praises of the Lord, Har, Har. ||1||	ਪਰ, ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤਿਆਂ ਸਾਰੇ ਸੁਖ ਪ੍ਰਾਪਤ ਹੋ ਜਾਂਦੇ ਹਨ ॥੧॥
49219	1147	ਸੂਖ ਸਹਜ ਆਨੰਦ ਲਹਹੁ॥	ਲਹ-ਹੁ	Sookh Sehaj Aanandh Lehahu ||	You shall obtain peace, poise and bliss,	(ਸਾਧ ਸੰਗਤ ਵਿਚ) ਆਤਮਕ ਅਡੋਲਤਾ ਦੇ ਸੁਖ ਆਨੰਦ ਮਾਣੋ,
49220	1147	ਸਾਧਸੰਗਤਿ ਪਾਈਐ ਵਡਭਾਗੀ ਗੁਰਮੁਖਿ ਹਰਿ ਹਰਿ ਨਾਮੁ ਕਹਹੁ॥੧॥ਰਹਾਉ॥		Saadhhasangath Paaeeai Vaddabhaagee Guramukh Har Har Naam Kehahu ||1|| Rehaao ||	When you find the Saadh Sangat, the Company of the Holy, by great good fortune. As Gurmukh, utter the Name of the Lord, Har, Har. ||1||Pause||	ਪਰ ਵੱਡੀ ਕਿਸਮਤ ਨਾਲ ਹੀ ਸਾਧ ਸੰਗਤ ਮਿਲਦੀ ਹੈ। ਹੇ ਭਾਈ! ਗੁਰੂ ਦੀ ਸਰਨ ਪੈ ਕੇ ਸਦਾ ਪਰਮਾਤਮਾ ਦਾ ਨਾਮ ਜਪੋ ॥੧॥ ਰਹਾਉ ॥
49221	1147	ਬੰਧਨ ਮਾਤ ਪਿਤਾ ਸੁਤ ਬਨਿਤਾ॥		Bandhhan Maath Pithaa Suth Banithaa ||	Mother, father, children and spouse - all place the mortal in bondage.	ਮਾਂ, ਪਿਉ, ਪੁੱਤਰ, ਇਸਤ੍ਰੀ (ਆਦਿਕ ਸੰਬੰਧੀ) ਮਾਇਆ ਦੇ ਮੋਹ ਦੀਆਂ ਫਾਹੀਆਂ ਪਾਂਦੇ ਹਨ।

49222	1147	ਬੰਧਨ ਕਰਮ ਧਰਮ ਹਉ ਕਰਤਾ॥		Bandhhan Karam Dhharam Ho Karathaa ||	Religious rituals and actions done in ego place the mortal in bondage.	(ਤੀਰਥ ਆਦਿਕ ਮਿਥੇ ਹੋਏ) ਧਾਰਮਿਕ ਕਰਮ ਭੀ ਫਾਹੀਆਂ ਪੈਦਾ ਕਰਦੇ ਹਨ (ਕਿਉਂਕਿ ਇਹਨਾਂ ਦੇ ਕਾਰਨ ਮਨੁੱਖ) ਅਹੰਕਾਰ ਕਰਦਾ ਹੈ (ਕਿ ਮੈਂ ਤੀਰਥ-ਜਾਤ੍ਰਾ ਆਦਿਕ ਕਰਮ ਕੀਤੇ ਹਨ)।
49223	1147	ਬੰਧਨ ਕਾਟਨਹਾਰੁ ਮਨਿ ਵਸੈ॥		Bandhhan Kaattanehaar Man Vasai ||	If the Lord, the Shatterer of bonds, abides in the mind,	ਪਰ ਜਦੋਂ ਇਹ ਫਾਹੀਆਂ ਕੱਟ ਸਕਣ ਵਾਲਾ ਪਰਮਾਤਮਾ (ਮਨੁੱਖ ਦੇ) ਮਨ ਵਿਚ ਆ ਵੱਸਦਾ ਹੈ,
49224	1147	ਤਉ ਸੁਖੁ ਪਾਵੈ ਨਿਜ ਘਰਿ ਬਸੈ॥੨॥		Tho Sukh Paavai Nij Ghar Basai ||2||	Then peace is obtained, dwelling in the home of the self deep within. ||2||	ਤਦੋਂ (ਮਾਂ ਪਿਉ ਪੁੱਤਰ ਇਸਤ੍ਰੀ ਆਦਿਕ ਸੰਬੰਧੀਆਂ ਵਿਚ ਰਹਿੰਦਾ ਹੋਇਆ ਹੀ) ਆਤਮਕ ਆਨੰਦ ਮਾਣਦਾ ਹੈ (ਕਿਉਂਕਿ ਤਦੋਂ ਮਨੁੱਖ) ਪਰਮਾਤਮਾ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ ॥੨॥
49225	1147	ਸਭਿ ਜਾਚਿਕ ਪ੍ਰਭ ਦੇਵਨਹਾਰ॥		Sabh Jaachik Prabh Dhaevanehaar ||	Everyone is a beggar; God is the Great Giver.	ਸਾਰੇ ਜੀਵ ਸਭ ਕੁਝ ਦੇ ਸਕਣ ਵਾਲੇ ਪ੍ਰਭੂ (ਦੇ ਦਰ) ਦੇ (ਹੀ) ਮੰਗਤੇ ਹਨ,
49226	1147	ਗੁਣ ਨਿਧਾਨ ਬੇਅੰਤ ਅਪਾਰ॥		Gun Nidhhaan Baeanth Apaar ||	The Treasure of Virtue is the Infinite, Endless Lord.	ਉਹ ਪਰਮਾਤਮਾ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ, ਬੇਅੰਤ ਹੈ, ਉਸ ਦੀ ਹਸਤੀ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ।
49227	1147	ਜਿਸ ਨੋ ਕਰਮੁ ਕਰੇ ਪ੍ਰਭੁ ਅਪਨਾ॥		Jis No Karam Karae Prabh Apanaa ||	That person, unto whom God grants His Mercy	ਜਿਸ ਮਨੁੱਖ ਉਤੇ ਪਿਆਰਾ ਪ੍ਰਭੂ ਬਖ਼ਸ਼ਸ਼ ਕਰਦਾ ਹੈ,

49228	1147	ਹਰਿ ਹਰਿ ਨਾਮੁ ਤਿਨੈ ਜਨਿ ਜਪਨਾ॥੩॥		Har Har Naam Thinai Jan Japanaa ||3||	- that humble being chants the Name of the Lord, Har, Har. ||3||	ਉਸੇ ਹੀ ਮਨੁੱਖ ਨੇ ਸਦਾ ਪਰਮਾਤਮਾ ਦਾ ਨਾਮ ਜਪਿਆ ਹੈ ॥੩॥
49229	1147	ਗੁਰ ਅਪਨੇ ਆਗੈ ਅਰਦਾਸਿ॥		Gur Apanae Aagai Aradhaas ||	I offer my prayer to my Guru.	ਆਪਣੇ ਗੁਰੂ ਦੇ ਦਰ ਤੇ (ਸਦਾ) ਅਰਜ਼ੋਈ ਕਰਿਆ ਕਰ,
49230	1147	ਕਰਿ ਕਿਰਪਾ ਪੁਰਖ ਗੁਣਤਾਸਿ॥		Kar Kirapaa Purakh Gunathaas ||	O Primal Lord God, Treasure of Virtue, please bless me with Your Grace.	ਤੇ, ਆਖਦਾ ਰਹੁ- ਹੇ ਸ੍ਰਿਸ਼ਟੀ ਦੇ ਮਾਲਕ! ਹੇ ਗੁਣਾਂ ਦੇ ਖ਼ਜ਼ਾਨੇ ਅਕਾਲ ਪੁਰਖ! ਮਿਹਰ ਕਰ।
49231	1147	ਕਹੁ ਨਾਨਕ ਤੁਮਰੀ ਸਰਣਾਈ॥		Kahu Naanak Thumaree Saranaaee ||	Says Nanak, I have come to Your Sanctuary.	ਨਾਨਕ ਆਖਦਾ ਹੈ- ਮੈਂ ਤੇਰੀ ਸਰਨ ਆਇਆ ਹਾਂ,
49232	1147	ਜਿਉ ਭਾਵੈ ਤਿਉ ਰਖਹੁ ਗੁਸਾਈ॥੪॥੨੮॥੪੧॥		Jio Bhaavai Thio Rakhahu Gusaaee ||4||28||41||	If it pleases You, please protect me, O Lord of the World. ||4||28||41||	ਜਿਵੇਂ ਤੇਰੀ ਰਜ਼ਾ ਹੈ ਤਿਵੇਂ ਮੈਨੂੰ (ਆਪਣੇ ਚਰਨਾਂ ਵਿਚ) ਰੱਖ ॥੪॥੨੮॥੪੧॥
49233	1147	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49234	1147	ਗੁਰ ਮਿਲਿ ਤਿਆਗਿਓ ਦੂਜਾ ਭਾਉ॥		Gur Mil Thiaagiou Dhoojaa Bhaao ||	Meeting with the Guru, I have forsaken the love of duality.	ਜਿਸ ਮਨੁੱਖ ਨੇ ਗੁਰੂ ਨੂੰ ਮਿਲ ਕੇ (ਆਪਣੇ ਅੰਦਰੋਂ) ਮਾਇਆ ਦਾ ਮੋਹ ਛੱਡ ਦਿੱਤਾ,

49235	1148	ਗੁਰਮੁਖਿ ਜਪਿਓ ਹਰਿ ਕਾ ਨਾਉ॥		Guramukh Japiou Har Kaa Naao ||	As Gurmukh, I chant the Name of the Lord.	ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਜਪਣਾ ਸ਼ੁਰੂ ਕਰ ਦਿੱਤਾ,
49236	1148	ਬਿਸਰੀ ਚਿੰਤ ਨਾਮਿ ਰੰਗੁ ਲਾਗਾ॥		Bisaree Chinth Naam Rang Laagaa ||	My anxiety is gone, and I am in love with the Naam, the Name of the Lord.	(ਉਸ ਦੇ ਮਨ ਦੀ) ਚਿੰਤਾ ਮੁੱਕ ਗਈ, ਪਰਮਾਤਮਾ ਦੇ ਨਾਮ ਵਿਚ ਉਸ ਦਾ ਪਿਆਰ ਬਣ ਗਿਆ,
49237	1148	ਜਨਮ ਜਨਮ ਕਾ ਸੋਇਆ ਜਾਗਾ॥੧॥		Janam Janam Kaa Soeiaa Jaagaa ||1||	I was asleep for countless lifetimes, but I have now awakened. ||1||	ਅਨੇਕਾਂ ਜਨਮਾਂ ਦਾ ਮਾਇਆ ਦੇ ਮੋਹ ਦੀ ਨੀਂਦ ਵਿਚ ਸੁੱਤਾ ਹੋਇਆ ਹੁਣ ਉਹ ਜਾਗ ਪਿਆ (ਉਸ ਨੂੰ ਜੀਵਨ-ਜੁਗਤਿ ਦੀ ਸਮਝ ਆ ਗਈ) ॥੧॥
49238	1148	ਕਰਿ ਕਿਰਪਾ ਅਪਨੀ ਸੇਵਾ ਲਾਏ॥		Kar Kirapaa Apanee Saevaa Laaeae ||	Granting His Grace, He has linked me to His service.	ਮਿਹਰ ਕਰ ਕੇ ਪਰਮਾਤਮਾ (ਜਿਸ ਮਨੁੱਖ ਨੂੰ) ਆਪਣੀ ਸੇਵਾ-ਭਗਤੀ ਵਿਚ ਜੋੜਦਾ ਹੈ,
49239	1148	ਸਾਧੂਸੰਗਿ ਸਰਬ ਸੁਖ ਪਾਏ॥੧॥ਰਹਾਉ॥		Saadhhoo Sang Sarab Sukh Paaeae ||1|| Rehaao ||	In the Saadh Sangat, the Company of the Holy, all pleasures are found. ||1||Pause||	ਉਹ ਮਨੁੱਖ ਗੁਰੂ ਦੀ ਸੰਗਤ ਵਿਚ ਟਿਕ ਕੇ ਸਾਰੇ ਆਤਮਕ ਆਨੰਦ ਮਾਣਦਾ ਹੈ ॥੧॥ ਰਹਾਉ ॥
49240	1148	ਰੋਗ ਦੋਖ ਗੁਰ ਸਬਦਿ ਨਿਵਾਰੇ॥		Rog Dhokh Gur Sabadh Nivaarae ||	The Word of the Guru's Shabad has eradicated disease and evil.	ਜਿਸ ਮਨੁੱਖ ਨੇ ਗੁਰੂ ਨੂੰ ਮਿਲ ਕੇ (ਆਪਣੇ ਮਨ ਵਿਚੋਂ) ਰੋਗ ਅਤੇ ਵਿਕਾਰ ਦੂਰ ਕਰ ਲਏ,

49241	1148	ਨਾਮ ਅਉਖਧੁ ਮਨ ਭੀਤਰਿ ਸਾਰੇ॥		Naam Aoukhadhh Man Bheethar Saarae ||	My mind has absorbed the medicine of the Naam.	ਜਿਹੜਾ ਮਨੁੱਖ ਨਾਮ-ਦਾਰੂ ਆਪਣੇ ਮਨ ਵਿਚ ਸਾਂਭ ਕੇ ਰੱਖਦਾ ਹੈ,
49242	1148	ਗੁਰ ਭੇਟਤ ਮਨਿ ਭਇਆ ਅਨੰਦ॥		Gur Bhaettath Man Bhaeiaa Anandh ||	Meeting with the Guru, my mind is in bliss.	ਗੁਰੂ ਨੂੰ ਮਿਲਿਆਂ ਉਸ ਦੇ ਮਨ ਵਿਚ ਆਨੰਦ ਬਣ ਆਉਂਦਾ ਹੈ।
49243	1148	ਸਰਬ ਨਿਧਾਨ ਨਾਮ ਭਗਵੰਤ॥੨॥		Sarab Nidhhaan Naam Bhagavanth ||2||	All treasures are in the Name of the Lord God. ||2||	ਭਗਵਾਨ ਦਾ ਨਾਮ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ ॥੨॥
49244	1148	ਜਨਮ ਮਰਣ ਕੀ ਮਿਟੀ ਜਮ ਤ੍ਰਾਸ॥		Janam Maran Kee Mittee Jam Thraas ||	My fear of birth and death and the Messenger of Death has been dispelled.	(ਮਿਹਰ ਕਰ ਕੇ ਪ੍ਰਭੂ ਜਿਸ ਮਨੁੱਖ ਨੂੰ ਆਪਣੀ ਸੇਵਾ-ਭਗਤੀ ਵਿਚ ਜੋੜਦਾ ਹੈ, ਉਸ ਦੇ ਮਨ ਵਿਚੋਂ) ਜਨਮ ਮਰਨ ਦੇ ਗੇੜ ਦਾ ਸਹਿਮ ਜਮ-ਰਾਜ ਦਾ ਡਰ ਮਿਟ ਜਾਂਦਾ ਹੈ,
49245	1148	ਸਾਧਸੰਗਤਿ ਊਂਧ ਕਮਲ ਬਿਗਾਸ॥		Saadhhasangath Oonadhh Kamal Bigaas ||	In the Saadh Sangat, the inverted lotus of my heart has blossomed forth.	ਸਾਧ ਸੰਗਤ ਦੀ ਬਰਕਤਿ ਨਾਲ ਉਸ ਦਾ (ਪਹਿਲਾਂ ਮਾਇਆ ਦੇ ਮੋਹ ਵਲ) ਉਲਟਿਆ ਹੋਇਆ ਹਿਰਦਾ-ਕਮਲ ਖਿੜ ਪੈਂਦਾ ਹੈ।
49246	1148	ਗੁਣ ਗਾਵਤ ਨਿਹਚਲੁ ਬਿਸ੍ਰਾਮ॥		Gun Gaavath Nihachal Bisraam ||	Singing the Glorious Praises of the Lord, I have found eternal, abiding peace.	ਪਰਮਾਤਮਾ ਦੇ ਗੁਣ ਗਾਂਦਿਆਂ (ਉਸ ਨੂੰ ਉਹ ਆਤਮਕ) ਟਿਕਾਣਾ (ਮਿਲ ਜਾਂਦਾ ਹੈ ਜਿਹੜਾ ਮਾਇਆ ਦੇ ਹੱਲਿਆਂ ਦੇ ਟਾਕਰੇ ਤੇ) ਅਡੋਲ ਰਹਿੰਦਾ ਹੈ,

49247	1148	ਪੂਰਨ ਹੋਏ ਸਗਲੇ ਕਾਮ॥੩॥		Pooran Hoeae Sagalae Kaam ||3||	All my tasks are perfectly accomplished. ||3||	ਉਸ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ ॥੩॥
49248	1148	ਦੁਲਭ ਦੇਹ ਆਈ ਪਰਵਾਨੁ॥	ਦੁ-ਲਭ	Dhulabh Dhaeh Aaee Paravaan ||	This human body, so difficult to obtain, is approved by the Lord.	(ਮਿਹਰ ਕਰ ਕੇ ਪ੍ਰਭੂ ਜਿਸ ਮਨੁੱਖ ਨੂੰ ਆਪਣੀ ਸੇਵਾ-ਭਗਤੀ ਵਿਚ ਜੋੜਦਾ ਹੈ) ਪਰਮਾਤਮਾ ਦਾ ਨਾਮ ਸਦਾ ਜਪ ਕੇ ਉਸ ਦਾ ਇਹ ਦੁਰਲੱਭ ਸਰੀਰ (ਲੋਕ ਪਰਲੋਕ ਵਿਚ) ਕਬੂਲ ਹੋ ਜਾਂਦਾ ਹੈ,
49249	1148	ਸਫਲ ਹੋਈ ਜਪਿ ਹਰਿ ਹਰਿ ਨਾਮੁ॥		Safal Hoee Jap Har Har Naam ||	Chanting the Name of the Lord, Har, Har, it has become fruitful.	(ਉਸ ਦੀ ਕਾਇਆ) ਪਰਮਾਤਮਾ ਦਾ ਨਾਮ ਜਪ ਕੇ ਕਾਮਯਾਬ ਹੋ ਜਾਂਦੀ ਹੈ।
49250	1148	ਕਹੁ ਨਾਨਕ ਪ੍ਰਭਿ ਕਿਰਪਾ ਕਰੀ॥		Kahu Naanak Prabh Kirapaa Karee ||	Says Nanak, God has blessed me with His Mercy.	ਨਾਨਕ ਆਖਦਾ ਹੈ- ਪ੍ਰਭੂ ਨੇ (ਮੇਰੇ ਉੱਤੇ) ਮਿਹਰ ਕੀਤੀ ਹੈ,
49251	1148	ਸਾਸਿ ਗਿਰਾਸਿ ਜਪਉ ਹਰਿ ਹਰੀ॥੪॥੨੯॥੪੨॥		Saas Giraas Japo Har Haree ||4||29||42||	With every breath and morsel of food, I meditate on the Lord, Har, Har. ||4||29||42||	ਮੈਂ ਭੀ ਹਰੇਕ ਸਾਹ ਦੇ ਨਾਲ ਹਰੇਕ ਗਿਰਾਹੀ ਦੇ ਨਾਲ ਉਸ ਦਾ ਨਾਮ ਜਪ ਰਿਹਾ ਹਾਂ ॥੪॥੨੯॥੪੨॥
49252	1148	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49253	1148	ਸਭ ਤੇ ਊਚਾ ਜਾ ਕਾ ਨਾਉ॥		Sabh Thae Oochaa Jaa Kaa Naao ||	His Name is the Highest of all.	ਜਿਸ ਪਰਮਾਤਮਾ ਦਾ ਨਾਮਣਾ ਸਭ ਨਾਲੋਂ ਉੱਚਾ ਹੈ,

49254	1148	ਸਦਾ ਸਦਾ ਤਾ ਕੇ ਗੁਣ ਗਾਉ॥		Sadhaa Sadhaa Thaa Kae Gun Gaao ||	Sing His Glorious Praises, forever and ever.	ਤੂੰ ਸਦਾ ਹੀ ਉਸ ਦੇ ਗੁਣ ਗਾਇਆ ਕਰ।
49255	1148	ਜਿਸੁ ਸਿਮਰਤ ਸਗਲਾ ਦੁਖੁ ਜਾਇ॥		Jis Simarath Sagalaa Dhukh Jaae ||	Meditating in remembrance on Him, all pain is dispelled.	ਜਿਸ ਦਾ ਸਿਮਰਨ ਕਰਦਿਆਂ ਸਾਰਾ ਦੁੱਖ ਦੂਰ ਹੋ ਜਾਂਦਾ ਹੈ,
49256	1148	ਸਰਬ ਸੂਖ ਵਸਹਿ ਮਨਿ ਆਇ॥੧॥		Sarab Sookh Vasehi Man Aae ||1||	All pleasures come to dwell in the mind. ||1||	ਅਤੇ ਸਾਰੇ ਆਨੰਦ ਮਨ ਵਿਚ ਆ ਵੱਸਦੇ ਹਨ (ਉਸ ਦੇ ਗੁਣ ਗਾ) ॥੧॥
49257	1148	ਸਿਮਰਿ ਮਨਾ ਤੂ ਸਾਚਾ ਸੋਇ॥		Simar Manaa Thoo Saachaa Soe ||	O my mind, meditate in remembrance on the True Lord.	ਹੇ (ਮੇਰੇ) ਮਨ! ਤੂੰ ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਹੀ ਸਿਮਰਿਆ ਕਰ।
49258	1148	ਹਲਤਿ ਪਲਤਿ ਤੁਮਰੀ ਗਤਿ ਹੋਇ॥੧॥ਰਹਾਉ॥		Halath Palath Thumaree Gath Hoe ||1|| Rehaao ||	In this world and the next, you shall be saved. ||1||Pause||	(ਸਿਮਰਨ ਦੀ ਬਰਕਤਿ ਨਾਲ) ਇਸ ਲੋਕ ਅਤੇ ਪਰਲੋਕ ਵਿਚ ਤੇਰੀ ਉੱਚੀ ਆਤਮਕ ਅਵਸਥਾ ਬਣੀ ਰਹੇਗੀ ॥੧॥ ਰਹਾਉ ॥
49259	1148	ਪੁਰਖ ਨਿਰੰਜਨ ਸਿਰਜਨਹਾਰ॥		Purakh Niranjan Sirajanehaar ||	The Immaculate Lord God is the Creator of all.	ਹੇ ਮਨ! (ਤੂੰ ਉਸ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰਿਆ ਕਰ) ਜੋ ਸਰਬ-ਵਿਆਪਕ ਹੈ, ਜੋ ਮਾਇਆ ਦੇ ਮੋਹ ਦੀ ਕਾਲਖ ਤੋਂ ਰਹਿਤ ਹੈ, ਜੋ ਸਭ ਨੂੰ ਪੈਦਾ ਕਰਨ ਵਾਲਾ ਹੈ,
49260	1148	ਜੀਅ ਜੰਤ ਦੇਵੈ ਆਹਾਰ॥		Jeea Janth Dhaevai Aahaar ||	He gives sustenance to all beings and creatures.	ਜੋ ਸਭ ਜੀਵਾਂ ਨੂੰ ਖਾਣ ਲਈ ਖ਼ੁਰਾਕ ਦੇਂਦਾ ਹੈ,

49261	1148	ਕੋਟਿ ਖਤੇ ਖਿਨ ਬਖਸਨਹਾਰ॥	ਖਤੇ: ਪੋਲਾ ਬੋਲੋ	Kott Khathae Khin Bakhasanehaar ||	He forgives millions of sins and mistakes in an instant.	ਜੋ (ਜੀਵਾਂ ਦੇ) ਕ੍ਰੋੜਾਂ ਪਾਪ ਇਕ ਖਿਨ ਵਿਚ ਬਖ਼ਸ਼ ਸਕਣ ਵਾਲਾ ਹੈ,
49262	1148	ਭਗਤਿ ਭਾਇ ਸਦਾ ਨਿਸਤਾਰ॥੨॥		Bhagath Bhaae Sadhaa Nisathaar ||2||	Through loving devotional worship, one is emancipated forever. ||2||	ਜੋ ਉਹਨਾਂ ਜੀਵਾਂ ਨੂੰ ਸਦਾ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ ਜਿਹੜੇ ਪ੍ਰੇਮ ਵਿਚ ਟਿਕ ਕੇ ਉਸ ਦੀ ਭਗਤੀ ਕਰਦੇ ਹਨ ॥੨॥
49263	1148	ਸਾਚਾ ਧਨੁ ਸਾਚੀ ਵਡਿਆਈ॥		Saachaa Dhhan Saachee Vaddiaaee ||	True wealth and true glorious greatness,	ਉਸ ਮਨੁੱਖ ਨੂੰ ਸਦਾ ਕਾਇਮ ਰਹਿਣ ਵਾਲਾ ਨਾਮ-ਧਨ ਲੱਭ ਪਿਆ, ਉਸ ਨੂੰ ਸਦਾ-ਥਿਰ ਰਹਿਣ ਵਾਲੀ (ਲੋਕ ਪਰਲੋਕ ਦੀ) ਸੋਭਾ ਮਿਲ ਗਈ,
49264	1148	ਗੁਰ ਪੂਰੇ ਤੇ ਨਿਹਚਲ ਮਤਿ ਪਾਈ॥		Gur Poorae Thae Nihachal Math Paaee ||	And eternal, unchanging wisdom, are obtained from the Perfect Guru.	ਜਿਸ ਮਨੁੱਖ ਨੇ ਪੂਰੇ ਗੁਰੂ ਪਾਸੋਂ ਵਿਕਾਰਾਂ ਵਲੋਂ ਅਡੋਲ ਰਹਿਣ ਵਾਲੀ ਸਿਮਰਨ ਦੀ ਮੱਤ ਪ੍ਰਾਪਤ ਕਰ ਲਈ।
49265	1148	ਕਰਿ ਕਿਰਪਾ ਜਿਸੁ ਰਾਖਨਹਾਰਾ॥		Kar Kirapaa Jis Raakhanehaaraa ||	When the Protector, the Savior Lord, bestows His Mercy,	ਰੱਖਿਆ ਕਰਨ ਵਾਲਾ ਪ੍ਰਭੂ ਜਿਸ ਮਨੁੱਖ ਨੂੰ ਮਿਹਰ ਕਰ ਕੇ (ਸਿਮਰਨ ਦੀ ਦਾਤ ਦੇਂਦਾ ਹੈ)
49266	1148	ਤਾ ਕਾ ਸਗਲ ਮਿਟੈ ਅੰਧਿਆਰਾ॥੩॥		Thaa Kaa Sagal Mittai Andhhiaaraa ||3||	All spiritual darkness is dispelled. ||3||	ਉਸ ਦੇ ਅੰਦਰੋਂ ਮਾਇਆ ਦੇ ਮੋਹ ਦਾ ਸਾਰਾ ਹਨੇਰਾ ਦੂਰ ਹੋ ਜਾਂਦਾ ਹੈ ॥੩॥
49267	1148	ਪਾਰਬ੍ਰਹਮ ਸਿਉ ਲਾਗੋ ਧਿਆਨ॥		Paarabreham Sio Laago Dhhiaan ||	I focus my meditation on the Supreme Lord God.	ਉਸ ਦੀ ਸੁਰਤ ਪਰਮਾਤਮਾ ਦੇ ਚਰਨਾਂ ਵਿਚ ਜੁੜੀ ਰਹਿੰਦੀ ਹੈ,

49268	1148	ਪੂਰਨ ਪੂਰਿ ਰਹਿਓ ਨਿਰਬਾਨ॥		Pooran Poor Rehiou Nirabaan ||	The Lord of Nirvaanaa is totally pervading and permeating all.	ਉਸ ਨੂੰ ਵਾਸਨਾ-ਰਹਿਤ ਪ੍ਰਭੂ ਸਭ ਥਾਈਂ ਵਿਆਪਕ ਦਿੱਸਦਾ ਹੈ,
49269	1148	ਭ੍ਰਮ ਭਉ ਮੇਟਿ ਮਿਲੇ ਗੋਪਾਲ॥		Bhram Bho Maett Milae Gopaal ||	Eradicating doubt and fear, I have met the Lord of the World.	ਉਹ ਮਨੁੱਖ (ਆਪਣੇ ਅੰਦਰੋਂ) ਹਰੇਕ ਕਿਸਮ ਦੀ ਭਟਕਣਾ ਅਤੇ ਡਰ ਮਿਟਾ ਕੇ ਸ੍ਰਿਸ਼ਟੀ ਦੇ ਪਾਲਕ-ਪ੍ਰਭੂ ਨੂੰ ਮਿਲ ਪੈਂਦਾ ਹੈ,
49270	1148	ਨਾਨਕ ਕਉ ਗੁਰ ਭਏ ਦਇਆਲ॥੪॥੩੦॥੪੩॥		Naanak Ko Gur Bheae Dhaeiaal ||4||30||43||	The Guru has become merciful to Nanak. ||4||30||43||	ਹੇ ਨਾਨਕ! ਜਿਸ ਮਨੁੱਖ ਉਤੇ ਸਤਿਗੁਰੂ ਜੀ ਦਇਆਵਾਨ ਹੁੰਦੇ ਹਨ ॥੪॥੩੦॥੪੩॥
49271	1148	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49272	1148	ਜਿਸੁ ਸਿਮਰਤ ਮਨਿ ਹੋਇ ਪ੍ਰਗਾਸੁ॥		Jis Simarath Man Hoe Pragaas ||	Meditating in remembrance on Him, the mind is illumined.	ਜਿਸ ਪਰਮਾਤਮਾ ਦਾ ਨਾਮ ਸਿਮਰਦਿਆਂ (ਮਨੁੱਖ ਦੇ) ਮਨ ਵਿਚ ਆਤਮਕ ਜੀਵਨ ਦੀ ਸੂਝ ਪੈਦਾ ਹੋ ਜਾਂਦੀ ਹੈ
49273	1148	ਮਿਟਹਿ ਕਲੇਸ ਸੁਖ ਸਹਜਿ ਨਿਵਾਸੁ॥		Mittehi Kalaes Sukh Sehaj Nivaas ||	Suffering is eradicated, and one comes to dwell in peace and poise.	(ਜਿਸ ਦਾ ਸਿਮਰਨ ਕਰਦਿਆਂ ਸਾਰੇ) ਕਲੇਸ਼ ਮਿਟ ਜਾਂਦੇ ਹਨ, ਸੁਖਾਂ ਵਿਚ ਆਤਮਕ ਅਡੋਲਤਾ ਵਿਚ ਟਿਕਾਉ ਹੋ ਜਾਂਦਾ ਹੈ,
49274	1148	ਤਿਸਹਿ ਪਰਾਪਤਿ ਜਿਸੁ ਪ੍ਰਭੁ ਦੇਇ॥		Thisehi Paraapath Jis Prabh Dhaee ||	They alone receive it, unto whom God gives it.	ਉਹ ਪਰਮਾਤਮਾ ਜਿਸ ਮਨੁੱਖ ਨੂੰ (ਸਿਮਰਨ ਦੀ ਦਾਤਿ) ਦੇਂਦਾ ਹੈ ਉਸੇ ਨੂੰ ਮਿਲਦੀ ਹੈ,

49275	1148	ਪੂਰੇ ਗੁਰ ਕੀ ਪਾਏ ਸੇਵ॥੧॥		Poorae Gur Kee Paaeae Saev ||1||	They are blessed to serve the Perfect Guru. ||1||	(ਪਰਮਾਤਮਾ ਉਸ ਮਨੁੱਖ ਨੂੰ) ਪੂਰੇ ਗੁਰੂ ਦੀ ਸੇਵਾ ਵਿਚ ਜੋੜ ਦੇਂਦਾ ਹੈ ॥੧॥
49276	1148	ਸਰਬ ਸੁਖਾ ਪ੍ਰਭ ਤੇਰੋ ਨਾਉ॥		Sarab Sukhaa Prabh Thaero Naao ||	All peace and comfort are in Your Name, God.	ਹੇ ਪ੍ਰਭੂ! ਤੇਰਾ ਨਾਮ ਸਾਰੇ ਸੁਖਾਂ ਦਾ ਮੂਲ ਹੈ।
49277	1148	ਆਠ ਪਹਰ ਮੇਰੇ ਮਨ ਗਾਉ॥੧॥ਰਹਾਉ॥		Aath Pehar Maerae Man Gaao ||1|| Rehaao ||	Twenty-four hours a day, O my mind, sing His Glorious Praises. ||1||Pause||	ਹੇ ਮੇਰੇ ਮਨ! ਅੱਠੇ ਪਹਰ (ਹਰ ਵੇਲੇ) ਪ੍ਰਭੂ ਦੇ ਗੁਣ ਗਾਇਆ ਕਰ ॥੧॥ ਰਹਾਉ ॥
49278	1148	ਜੋ ਇਛੈ ਸੋਈ ਫਲੁ ਪਾਏ॥		Jo Eishhai Soee Fal Paaeae ||	You shall receive the fruits of your desires,	ਉਹ ਮਨੁੱਖ ਜੋ ਕੁਝ (ਪਰਮਾਤਮਾ ਪਾਸੋਂ) ਮੰਗਦਾ ਹੈ ਉਹੀ ਫਲ ਹਾਸਲ ਕਰ ਲੈਂਦਾ ਹੈ,
49279	1148	ਹਰਿ ਕਾ ਨਾਮੁ ਮੰਨਿ ਵਸਾਏ॥		Har Kaa Naam Mann Vasaaeae ||	When the Name of the Lord comes to dwell in the mind.	ਜਿਹੜਾ ਮਨੁੱਖ ਪਰਮਾਤਮਾ ਦਾ ਨਾਮ (ਆਪਣੇ) ਮਨ ਵਿਚ ਵਸਾਂਦਾ ਹੈ।
49280	1148	ਆਵਣ ਜਾਣ ਰਹੇ ਹਰਿ ਧਿਆਇ॥		Aavan Jaan Rehae Har Dhhiaae ||	Meditating on the Lord, your comings and goings cease.	ਪ੍ਰਭੂ ਦਾ ਧਿਆਨ ਧਰ ਕੇ ਉਸ ਦੇ ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ।
49281	1148	ਭਗਤਿ ਭਾਇ ਪ੍ਰਭ ਕੀ ਲਿਵ ਲਾਇ॥੨॥		Bhagath Bhaae Prabh Kee Liv Laae ||2||	Through loving devotional worship, lovingly focus your attention on God. ||2||	ਭਗਤੀ-ਭਾਵ ਨਾਲ ਪ੍ਰਭੂ ਵਿਚ ਸੁਰਤ ਜੋੜ ਕੇ (ਉਸ ਦਾ ਉਧਾਰ ਹੋ ਜਾਂਦਾ ਹੈ) ॥੨॥
49282	1148	ਬਿਨਸੇ ਕਾਮ ਕ੍ਰੋਧ ਅਹੰਕਾਰ॥		Binasae Kaam Krodhh Ahankaar ||	Sexual desire, anger and egotism are dispelled.	(ਉਸ ਦੇ ਅੰਦਰੋਂ) ਕਾਮ ਕ੍ਰੋਧ ਅਹੰਕਾਰ (ਇਹ ਸਾਰੇ ਵਿਕਾਰ) ਨਾਸ ਹੋ ਜਾਂਦੇ ਹਨ,

49283	1148	ਤੂਟੇ ਮਾਇਆ ਮੋਹ ਪਿਆਰ॥		Thoottae Maaeiaa Moh Piaar ||	Love and attachment to Maya are broken.	(ਉਸ ਦੇ ਅੰਦਰੋਂ) ਮਾਇਆ ਦੇ ਮੋਹ ਦੀਆਂ ਤਣਾਵਾਂ ਟੁੱਟ ਜਾਂਦੀਆਂ ਹਨ,
49284	1148	ਪ੍ਰਭ ਕੀ ਟੇਕ ਰਹੈ ਦਿਨੁ ਰਾਤਿ॥		Prabh Kee Ttaek Rehai Dhin Raath ||	Lean on God's Support, day and night.	ਉਹ ਮਨੁੱਖ ਦਿਨ ਰਾਤ ਪਰਮਾਤਮਾ ਦੇ ਹੀ ਆਸਰੇ ਰਹਿੰਦਾ ਹੈ,
49285	1148	ਪਾਰਬ੍ਰਹਮੁ ਕਰੇ ਜਿਸੁ ਦਾਤਿ॥੩॥		Paarabreham Karae Jis Dhaath ||3||	The Supreme Lord God has given this gift. ||3||	ਪਰਮਾਤਮਾ ਜਿਸ ਮਨੁੱਖ ਨੂੰ (ਆਪਣੇ ਨਾਮ ਦੀ) ਦਾਤ ਦੇਂਦਾ ਹੈ ॥੩॥
49286	1148	ਕਰਨ ਕਰਾਵਨਹਾਰ ਸੁਆਮੀ॥		Karan Karaavanehaar Suaamee ||	Our Lord and Master is the Creator, the Cause of causes.	ਹੇ ਸਭ ਕੁਝ ਕਰਨ ਜੋਗ ਸੁਆਮੀ! ਹੇ ਜੀਵਾਂ ਪਾਸੋਂ ਸਭ ਕੁਝ ਕਰਾਵਣ ਦੇ ਸਮਰਥ ਸੁਆਮੀ!
49287	1148	ਸਗਲ ਘਟਾ ਕੇ ਅੰਤਰਜਾਮੀ॥		Sagal Ghattaa Kae Antharajaamee ||	He is the Inner-knower, the Searcher of all hearts.	ਹੇ ਸਭ ਜੀਵਾਂ ਦੇ ਦਿਲ ਦੀ ਜਾਣਨ ਵਾਲੇ!
49288	1148	ਕਰਿ ਕਿਰਪਾ ਅਪਨੀ ਸੇਵਾ ਲਾਇ॥		Kar Kirapaa Apanee Saevaa Laae ||	Bless me with Your Grace, Lord, and link me to Your service.	ਮਿਹਰ ਕਰ ਕੇ (ਮੈਨੂੰ) ਆਪਣੀ ਸੇਵਾ-ਭਗਤੀ ਵਿਚ ਜੋੜੀ ਰੱਖ,
49289	1148	ਨਾਨਕ ਦਾਸ ਤੇਰੀ ਸਰਣਾਇ॥੪॥੩੧॥੪੪॥		Naanak Dhaas Thaeree Saranaae ||4||31||44||	Slave Nanak has come to Your Sanctuary. ||4||31||44||	(ਮੈਂ ਤੇਰਾ) ਦਾਸ ਨਾਨਕ ਤੇਰੀ ਸਰਨ ਆਇਆ ਹਾਂ ॥੪॥੩੧॥੪੪॥
49290	1148	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	

49291	1148	ਲਾਜ ਮਰੈ ਜੋ ਨਾਮੁ ਨ ਲੇਵੈ॥		Laaj Marai Jo Naam N Laevai ||	One who does not repeat the Naam, the Name of the Lord, shall die of shame.	ਜਿਹੜਾ ਮਨੁੱਖ ਪਰਮਾਤਮਾ ਦਾ ਨਾਮ ਨਹੀਂ ਸਿਮਰਦਾ, ਉਹ ਆਪਣੇ ਆਪ ਵਿਚ ਸ਼ਰਮ ਨਾਲ ਹੌਲਾ ਪੈ ਜਾਂਦਾ ਹੈ।
49292	1148	ਨਾਮ ਬਿਹੂਨ ਸੁਖੀ ਕਿਉ ਸੋਵੈ॥		Naam Bihoon Sukhee Kio Sovai ||	Without the Name, how can he ever sleep in peace?	ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਮਨੁੱਖ ਸੁਖ ਦੀ ਨੀਂਦ ਨਹੀਂ ਸੌਂ ਸਕਦਾ।
49293	1148	ਹਰਿ ਸਿਮਰਨੁ ਛਾਡਿ ਪਰਮਗਤਿ ਚਾਹੈ॥		Har Simaran Shhaadd Param Gath Chaahai ||	The mortal abandons meditative remembrance of the Lord, and then wishes for the state of supreme salvation;	(ਜਿਹੜਾ ਮਨੁੱਖ) ਹਰਿ-ਨਾਮ ਦਾ ਸਿਮਰਨ ਛੱਡ ਕੇ ਸਭ ਤੋਂ ਉੱਚੀ ਆਤਮਕ ਅਵਸਥਾ (ਹਾਸਲ ਕਰਨੀ) ਚਾਹੁੰਦਾ ਹੈ,
49294	1149	ਮੂਲ ਬਿਨਾ ਸਾਖਾ ਕਤ ਆਹੈ॥੧॥		Mool Binaa Saakhaa Kath Aahai ||1||	But without roots, how can there be any branches? ||1||	(ਉਸ ਦੀ ਇਹ ਤਾਂਘ ਵਿਅਰਥ ਹੈ, ਜਿਵੇਂ ਰੁੱਖ ਦੇ) ਮੁੱਢ ਤੋਂ ਬਿਨਾ (ਉਸ ਉਤੇ) ਕੋਈ ਟਹਣੀ ਨਹੀਂ ਉੱਗ ਸਕਦੀ ॥੧॥
49295	1149	ਗੁਰੁ ਗੋਵਿੰਦੁ ਮੇਰੇ ਮਨ ਧਿਆਇ॥		Gur Govindh Maerae Man Dhhiaae ||	O my mind, meditate on the Guru, the Lord of the Universe.	ਹੇ ਮੇਰੇ ਮਨ! ਗੁਰੂ ਨੂੰ ਗੋਵਿੰਦ ਨੂੰ (ਸਦਾ) ਸਿਮਰਿਆ ਕਰ।
49296	1149	ਜਨਮ ਜਨਮ ਕੀ ਮੈਲੁ ਉਤਾਰੈ ਬੰਧਨ ਕਾਟਿ ਹਰਿ ਸੰਗਿ ਮਿਲਾਇ॥੧॥ਰਹਾਉ ॥		Janam Janam Kee Mail Outhaarai Bandhhan Kaatt Har Sang Milaae ||1|| Rehaao ||	The filth of countless incarnations shall be washed away. Breaking your bonds, you shall be united with the Lord. ||1||Pause||	(ਏਹ ਸਿਮਰਨ) ਅਨੇਕਾਂ ਜਨਮਾਂ ਦੀ (ਵਿਕਾਰਾਂ ਦੀ) ਮੈਲ ਦੂਰ ਕਰ ਦੇਂਦਾ ਹੈ, ਮਾਇਆ ਦੇ ਮੋਹ ਦੀਆਂ ਫਾਹੀਆਂ ਕੱਟ ਕੇ (ਮਨੁੱਖ ਨੂੰ) ਪਰਮਾਤਮਾ ਦੇ ਨਾਲ ਜੋੜ ਦੇਂਦਾ ਹੈ ॥੧॥ ਰਹਾਉ ॥

49297	1149	ਤੀਰਥਿ ਨਾਇ ਕਹਾ ਸੁਚਿ ਸੈਲੁ॥	(ਸੈਲੁ) ਪੱਥਰ। ਨ੍ਹਾਇ। ਸੁੱਚਿ	Theerathh Naae Kehaa Such Sail ||	How can a stone be purified by bathing at a sacred shrine of pilgrimage?	ਪੱਥਰ (ਪੱਥਰ-ਦਿਲ ਮਨੁੱਖ) ਤੀਰਥ ਉੱਤੇ ਇਸ਼ਨਾਨ ਕਰ ਕੇ (ਆਤਮਕ) ਪਵਿੱਤ੍ਰਤਾ ਹਾਸਲ ਨਹੀਂ ਕਰ ਸਕਦਾ,
49298	1149	ਮਨ ਕਉ ਵਿਆਪੈ ਹਉਮੈ ਮੈਲੁ॥		Man Ko Viaapai Houmai Mail ||	The filth of egotism clings to the mind.	(ਉਸ ਦੇ) ਮਨ ਨੂੰ (ਇਹੀ) ਹਉਮੈ ਦੀ ਮੈਲ ਚੰਬੜੀ ਰਹਿੰਦੀ ਹੈ (ਕਿ ਮੈਂ ਤੀਰਥ-ਜਾਤ੍ਰਾ ਕਰ ਆਇਆ ਹਾਂ)।
49299	1149	ਕੋਟਿ ਕਰਮ ਬੰਧਨ ਕਾ ਮੂਲੁ॥		Kott Karam Bandhhan Kaa Mool ||	Millions of rituals and actions taken are the root of entanglements.	(ਤੀਰਥ-ਜਾਤ੍ਰਾ ਆਦਿਕ ਮਿਥੇ ਹੋਏ) ਕ੍ਰੋੜਾਂ ਧਾਰਮਿਕ ਕਰਮ (ਹਉਮੈ ਦੀਆਂ) ਫਾਹੀਆਂ ਦਾ (ਹੀ) ਕਾਰਨ ਬਣਦੇ ਹਨ।
49300	1149	ਹਰਿ ਕੇ ਭਜਨ ਬਿਨੁ ਬਿਰਥਾ ਪੂਲੁ॥੨॥		Har Kae Bhajan Bin Birathhaa Pool ||2||	Without meditating and vibrating on the Lord, the mortal gathers only worthless bundles of straw. ||2||	ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ (ਇਹ ਮਿਥੇ ਹੋਏ ਧਾਰਮਿਕ ਕਰਮ ਮਨੁੱਖ ਦੇ ਸਿਰ ਉੱਤੇ) ਵਿਅਰਥ ਪੰਡ ਹੀ ਹਨ ॥੨॥
49301	1149	ਬਿਨੁ ਖਾਏ ਬੂਝੈ ਨਹੀ ਭੂਖ॥	ਬੂਝੈ: ਪੋਲਾ ਬੋਲੋ	Bin Khaaeae Boojhai Nehee Bhookh ||	Without eating, hunger is not satisfied.	(ਭੋਜਨ) ਖਾਣ ਤੋਂ ਬਿਨਾ (ਪੇਟ ਦੀ) ਭੁੱਖ (ਦੀ ਅੱਗ) ਨਹੀਂ ਬੁੱਝਦੀ।
49302	1149	ਰੋਗੁ ਜਾਇ ਤਾਂ ਉਤਰਹਿ ਦੂਖ॥	ਉੱਤਰ-ਹਿ	Rog Jaae Thaan Outharehi Dhookh ||	When the disease is cured, then the pain goes away.	(ਰੋਗ ਤੋਂ ਪੈਦਾ ਹੋਏ) ਸਰੀਰਕ ਦੁੱਖ ਤਦੋਂ ਹੀ ਦੂਰ ਹੁੰਦੇ ਹਨ, ਜੇ (ਅੰਦਰੋਂ) ਰੋਗ ਦੂਰ ਹੋ ਜਾਏ।
49303	1149	ਕਾਮ ਕ੍ਰੋਧ ਲੋਭ ਮੋਹਿ ਬਿਆਪਿਆ॥		Kaam Krodhh Lobh Mohi Biaapiaa ||	The mortal is engrossed in sexual desire, anger, greed and attachment.	ਉਹ ਮਨੁੱਖ ਸਦਾ ਕਾਮ ਕ੍ਰੋਧ ਲੋਭ ਮੋਹ ਵਿਚ ਫਸਿਆ ਰਹਿੰਦਾ ਹੈ,

49304	1149	ਜਿਨਿ ਪ੍ਰਭਿ ਕੀਨਾ ਸੋ ਪ੍ਰਭੁ ਨਹੀ ਜਾਪਿਆ॥੩॥		Jin Prabh Keenaa So Prabh Nehee Jaapiaa ||3||	He does not meditate on God, that God who created him. ||3||	ਜਿਹੜਾ ਮਨੁੱਖ ਉਸ ਪਰਮਾਤਮਾ ਦਾ ਨਾਮ ਨਹੀਂ ਜਪਦਾ ਜਿਸ ਨੇ ਉਸ ਨੂੰ ਪੈਦਾ ਕੀਤਾ ਹੈ ॥੩॥
49305	1149	ਧਨੁ ਧਨੁ ਸਾਧ ਧੰਨੁ ਹਰਿ ਨਾਉ॥		Dhhan Dhhan Saadhh Dhhann Har Naao ||	Blessed, blessed is the Holy Saint, and blessed is the Name of the Lord.	ਉਹ ਗੁਰਮੁਖ ਮਨੁੱਖ ਭਾਗਾਂ ਵਾਲੇ ਹਨ, ਜਿਹੜੇ ਪਰਮਾਤਮਾ ਦਾ ਨਾਮ ਜਪਦੇ ਹਨ,
49306	1149	ਆਠ ਪਹਰ ਕੀਰਤਨੁ ਗੁਣ ਗਾਉ॥		Aath Pehar Keerathan Gun Gaao ||	Twenty-four hours a day, sing the Kirtan, the Glorious Praises of the Lord.	ਜਿਹੜੇ ਅੱਠੇ ਪਹਰ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਹਨ, ਪਰਮਾਤਮਾ ਦੇ ਗੁਣਾਂ ਦਾ ਗਾਇਨ ਕਰਦੇ ਹਨ।
49307	1149	ਧਨੁ ਹਰਿ ਭਗਤਿ ਧਨੁ ਕਰਣੈਹਾਰ॥		Dhhan Har Bhagath Dhhan Karanaihaar ||	Blessed is the devotee of the Lord, and blessed is the Creator Lord.	ਉਹਨਾਂ ਦੇ ਪਾਸ ਪਰਮਾਤਮਾ ਦੀ ਭਗਤੀ ਦਾ ਧਨ ਸਿਰਜਣਹਾਰ ਦੇ ਨਾਮ ਦਾ ਧਨ (ਸਦਾ ਮੌਜੂਦ) ਹੈ,
49308	1149	ਸਰਣਿ ਨਾਨਕ ਪ੍ਰਭ ਪੁਰਖ ਅਪਾਰ॥੪॥੩੨॥੪੫॥		Saran Naanak Prabh Purakh Apaar ||4||32||45||	Nanak seeks the Sanctuary of God, the Primal, the Infinite. ||4||32||45||	ਹੇ ਨਾਨਕ! ਜਿਹੜੇ ਮਨੁੱਖ ਬੇਅੰਤ ਤੇ ਸਰਬ-ਵਿਆਪਕ ਪ੍ਰਭੂ ਦੀ ਸਰਨ ਪਏ ਰਹਿੰਦੇ ਹਨ ॥੪॥੩੨॥੪੫॥
49309	1149	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	

49310	1149	ਗੁਰ ਸੁਪ੍ਰਸੰਨ ਹੋਏ ਭਉ ਗਏ॥	ਸੁਪ੍ਰਸੰਨ	Gur Suprasann Hoeae Bho Geae ||	When the Guru was totally pleased, my fear was taken away.	ਸਤਿਗੁਰੂ ਜਿਸ ਮਨੁੱਖ ਉਤੇ ਬਹੁਤ ਪ੍ਰਸੰਨ ਹੁੰਦਾ ਹੈ, ਉਸ ਦਾ ਹਰੇਕ ਡਰ ਦੂਰ ਹੋ ਜਾਂਦਾ ਹੈ,
49311	1149	ਨਾਮ ਨਿਰੰਜਨ ਮਨ ਮਹਿ ਲਏ॥		Naam Niranjan Man Mehi Leae ||	I enshrine the Name of the Immaculate Lord within my mind.	(ਕਿਉਂਕਿ) ਉਹ ਮਨੁੱਖ (ਹਰ ਵੇਲੇ) ਮਾਇਆ-ਰਹਿਤ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਈ ਰੱਖਦਾ ਹੈ।
49312	1149	ਦੀਨ ਦਇਆਲ ਸਦਾ ਕਿਰਪਾਲ॥		Dheen Dhaeiaal Sadhaa Kirapaal ||	He is Merciful to the meek, forever Compassionate.	ਦੀਨਾਂ ਉਤੇ ਦਇਆ ਕਰਨ ਵਾਲਾ ਪ੍ਰਭੂ ਜਿਸ ਮਨੁੱਖ ਉੱਤੇ ਕਿਰਪਾ ਕਰਦਾ ਹੈ,
49313	1149	ਬਿਨਸਿ ਗਏ ਸਗਲੇ ਜੰਜਾਲ॥੧॥		Binas Geae Sagalae Janjaal ||1||	All my entanglements are finished. ||1||	(ਉਸ ਦੇ ਅੰਦਰੋਂ) ਮਾਇਆ ਦੇ ਮੋਹ ਦੇ ਸਾਰੇ ਬੰਧਨ ਨਾਸ ਹੋ ਜਾਂਦੇ ਹਨ ॥੧॥
49314	1149	ਸੂਖ ਸਹਜ ਆਨੰਦ ਘਨੇ॥		Sookh Sehaj Aanandh Ghanae ||	I have found peace, poise, and myriads of pleasures.	(ਉਸ ਦੇ ਅੰਦਰ) ਆਤਮਕ ਅਡੋਲਤਾ ਦੇ ਬੜੇ ਸੁਖ ਆਨੰਦ ਬਣੇ ਰਹਿੰਦੇ ਹਨ,
49315	1149	ਸਾਧਸੰਗਿ ਮਿਟੇ ਭੈ ਭਰਮਾ ਅੰਮ੍ਰਿਤੁ ਹਰਿ ਹਰਿ ਰਸਨ ਭਨੇ॥੧॥ਰਹਾਉ॥		Saadhhasang Mittae Bhai Bharamaa Anmrith Har Har Rasan Bhanae ||1|| Rehaao ||	In the Saadh Sangat, the Company of the Holy, fear and doubt are dispelled. My tongue chants the Ambrosial Name of the Lord, Har, Har. ||1||Pause||	ਸਾਧ ਸੰਗਤ ਵਿਚ ਰਹਿ ਕੇ ਉਸ ਦੇ ਸਾਰੇ ਡਰ ਵਹਿਮ ਦੂਰ ਹੋ ਜਾਂਦੇ ਹਨ, ਜਿਹੜਾ ਮਨੁੱਖ ਆਪਣੀ ਜੀਭ ਨਾਲ ਆਮਤਕ ਜੀਵਨ ਦੇਣ ਵਾਲਾ ਹਰਿ-ਨਾਮ ਉਚਾਰਦਾ ਰਹਿੰਦਾ ਹੈ ॥੧॥ ਰਹਾਉ ॥
49316	1149	ਚਰਨਕਮਲ ਸਿਉ ਲਾਗੋ ਹੇਤੁ॥		Charan Kamal Sio Laago Haeth ||	I have fallen in love with the Lord's Lotus Feet.	ਪ੍ਰਭੂ ਦੇ ਸੋਹਣੇ ਚਰਨਾਂ ਨਾਲ ਜਿਸ ਮਨੁੱਖ ਦਾ ਪਿਆਰ ਬਣ ਜਾਂਦਾ ਹੈ,

49317	1149	ਖਿਨ ਮਹਿ ਬਿਨਸਿਓ ਮਹਾ ਪਰੇਤੁ॥		Khin Mehi Binasiou Mehaa Paraeth ||	In an instant, the terrible demons are destroyed.	ਉਸ ਦੇ ਅੰਦਰੋਂ (ਖੋਟਾ ਸੁਭਾਉ-ਰੂਪ) ਵੱਡਾ ਪ੍ਰੇਤ ਇਕ ਖਿਨ ਵਿਚ ਮੁੱਕ ਜਾਂਦਾ ਹੈ।
49318	1149	ਆਠ ਪਹਰ ਹਰਿ ਹਰਿ ਜਪੁ ਜਾਪਿ॥		Aath Pehar Har Har Jap Jaap ||	Twenty-four hours a day, I meditate and chant the Name of the Lord, Har, Har.	ਤੂੰ ਅੱਠੇ ਪਹਿਰ ਪਰਮਾਤਮਾ ਦੇ ਨਾਮ ਦਾ ਜਾਪ ਜਪਿਆ ਕਰ,
49319	1149	ਰਾਖਨਹਾਰ ਗੋਵਿਦ ਗੁਰ ਆਪਿ॥੨॥		Raakhanehaar Govidh Gur Aap ||2||	The Guru is Himself the Savior Lord, the Lord of the Universe. ||2||	ਸਭ ਦੀ ਰੱਖਿਆ ਕਰ ਸਕਣ ਵਾਲਾ ਗੁਰੂ ਗੋਬਿੰਦ ਆਪ (ਤੇਰੀ ਭੀ ਰੱਖਿਆ ਕਰੇਗਾ) ॥੨॥
49320	1149	ਅਪਨੇ ਸੇਵਕ ਕਉ ਸਦਾ ਪ੍ਰਤਿਪਾਰੈ॥		Apanae Saevak Ko Sadhaa Prathipaarai ||	He Himself cherishes His servant forever.	ਪ੍ਰਭੂ ਆਪਣੇ ਸੇਵਕ ਦੀ ਆਪ ਰੱਖਿਆ ਕਰਦਾ ਹੈ,
49321	1149	ਭਗਤ ਜਨਾ ਕੇ ਸਾਸ ਨਿਹਾਰੈ॥		Bhagath Janaa Kae Saas Nihaarai ||	He watches over every breath of His humble devotee.	ਪ੍ਰਭੂ ਆਪਣੇ ਭਗਤਾਂ ਦੇ ਸੁਆਸਾਂ ਨੂੰ ਗਹੁ ਨਾਲ ਤੱਕਦਾ ਰਹਿੰਦਾ ਹੈ (ਭਾਵ, ਬੜੇ ਧਿਆਨ ਨਾਲ ਭਗਤ ਜਨਾਂ ਦੀ ਰਾਖੀ ਕਰਦਾ ਹੈ)।
49322	1149	ਮਾਨਸ ਕੀ ਕਹੁ ਕੇਤਕ ਬਾਤ॥		Maanas Kee Kahu Kaethak Baath ||	Tell me, what is the nature of human beings?	ਦੱਸ, ਮਨੁੱਖ ਵਿਚਾਰੇ ਭਗਤ ਜਨਾਂ ਦਾ ਕੀਹ ਵਿਗਾੜ ਸਕਦੇ ਹਨ?
49323	1149	ਜਮ ਤੇ ਰਾਖੈ ਦੇ ਕਰਿ ਹਾਥ॥੩॥		Jam Thae Raakhai Dhae Kar Haathh ||3||	The Lord extends His Hand, and saves them from the Messenger of Death. ||3||	ਪਰਮਾਤਮਾ ਤਾਂ ਉਹਨਾਂ ਨੂੰ ਹੱਥ ਦੇ ਕੇ ਜਮਾਂ ਤੋਂ ਭੀ ਬਚਾ ਲੈਂਦਾ ਹੈ ॥੩॥

49324	1149	ਨਿਰਮਲ ਸੋਭਾ ਨਿਰਮਲ ਰੀਤਿ॥		Niramal Sobhaa Niramal Reeth ||	Immaculate is the Glory, and Immaculate is the way of life,	ਉਸ ਦੀ ਹਰ ਥਾਂ ਬੇ-ਦਾਗ਼ ਸੋਭਾ ਬਣੀ ਰਹਿੰਦੀ ਹੈ, ਉਸ ਦੀ ਜੀਵਨ-ਜੁਗਤਿ ਸਦਾ ਪਵਿੱਤਰ ਹੁੰਦੀ ਹੈ,
49325	1149	ਪਾਰਬ੍ਰਹਮੁ ਆਇਆ ਮਨਿ ਚੀਤਿ॥		Paarabreham Aaeiaa Man Cheeth ||	Of those who remember the Supreme Lord God in their minds.	ਜਿਸ ਮਨੁੱਖ ਦੇ ਮਨ ਵਿਚ ਚਿੱਤ ਵਿਚ ਪਰਮਾਤਮਾ ਆ ਵੱਸਦਾ ਹੈ।
49326	1149	ਕਰਿ ਕਿਰਪਾ ਗੁਰਿ ਦੀਨੋ ਦਾਨੁ॥		Kar Kirapaa Gur Dheeno Dhaan ||	The Guru, in His Mercy, has granted this Gift.	ਮਿਹਰ ਕਰ ਕੇ ਗੁਰੂ ਨੇ ਜਿਸ ਮਨੁੱਖ ਨੂੰ (ਨਾਮ ਦੀ) ਦਾਤ ਬਖ਼ਸ਼ੀ,
49327	1149	ਨਾਨਕ ਪਾਇਆ ਨਾਮੁ ਨਿਧਾਨੁ॥੪॥੩੩॥੪੬॥		Naanak Paaeiaa Naam Nidhhaan ||4||33||46||	Nanak has obtained the treasure of the Naam, the Name of the Lord. ||4||33||46||	ਹੇ ਨਾਨਕ! ਉਸ ਨੇ ਨਾਮ-ਖ਼ਜ਼ਾਨਾ ਹਾਸਲ ਕਰ ਲਿਆ ॥੪॥੩੩॥੪੬॥
49328	1149	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49329	1149	ਕਰਣ ਕਾਰਣ ਸਮਰਥੁ ਗੁਰੁ ਮੇਰਾ॥		Karan Kaaran Samarathh Gur Maeraa ||	My Guru is the All-powerful Lord, the Creator, the Cause of causes.	ਮੇਰਾ ਗੁਰੂ-ਪਰਮੇਸਰ ਸਾਰੀ ਸ੍ਰਿਸ਼ਟੀ ਦਾ ਮੂਲ ਹੈ, ਸਭ ਤਾਕਤਾਂ ਦਾ ਮਾਲਕ ਹੈ,
49330	1149	ਜੀਅ ਪ੍ਰਾਣ ਸੁਖਦਾਤਾ ਨੇਰਾ॥		Jeea Praan Sukhadhaathaa Naeraa ||	He is the Soul, the Breath of Life, the Giver of Peace, always near.	(ਸਭ ਨੂੰ) ਜਿੰਦ ਦੇਣ ਵਾਲਾ ਹੈ, ਪ੍ਰਾਣ ਦੇਣ ਵਾਲਾ ਹੈ, ਸਾਰੇ ਸੁਖ ਦੇਣ ਵਾਲਾ ਹੈ, (ਸਭਨਾਂ ਦੇ) ਨੇੜੇ (ਵੱਸਦਾ ਹੈ)।

49331	1149	ਭੈ ਭੰਜਨ ਅਬਿਨਾਸੀ ਰਾਇ॥		Bhai Bhanjan Abinaasee Raae ||	He is the Destroyer of fear, the Eternal, Unchanging, Sovereign Lord King.	ਉਹ ਪਾਤਿਸ਼ਾਹ (ਜੀਵਾਂ ਦੇ ਸਾਰੇ) ਡਰ ਦੂਰ ਕਰਨ ਵਾਲਾ ਹੈ, ਉਹ ਆਪ ਨਾਸ-ਰਹਿਤ ਹੈ,
49332	1149	ਦਰਸਨਿ ਦੇਖਿਐ ਸਭੁ ਦੁਖੁ ਜਾਇ॥੧॥		Dharasan Dhaekhiai Sabh Dhukh Jaae ||1||	Gazing upon the Blessed Vision of His Darshan, all fear is dispelled. ||1||	ਜੇ ਉਸ ਦਾ ਦਰਸਨ ਹੋ ਜਾਏ, (ਤਾਂ ਮਨੁੱਖ ਦਾ) ਸਾਰਾ ਦੁੱਖ ਦੂਰ ਹੋ ਜਾਂਦਾ ਹੈ ॥੧॥
49333	1149	ਜਤ ਕਤ ਪੇਖਉ ਤੇਰੀ ਸਰਣਾ॥		Jath Kath Paekho Thaeree Saranaa ||	Wherever I look, is the Protection of Your Sanctuary.	ਹੇ ਪ੍ਰਭੂ! ਮੈਂ ਹਰ ਥਾਂ ਤੇਰਾ ਹੀ ਆਸਰਾ ਤੱਕਦਾ ਹਾਂ।
49334	1149	ਬਲਿ ਬਲਿ ਜਾਈ ਸਤਿਗੁਰ ਚਰਣਾ॥੧॥ਰਹਾਉ॥		Bal Bal Jaaee Sathigur Charanaa ||1|| Rehaao ||	I am a sacrifice, a sacrifice to the Feet of the True Guru. ||1||Pause||	ਮੈਂ (ਆਪਣੇ) ਗੁਰੂ ਦੇ ਚਰਨਾਂ ਤੋਂ ਸਦਾ ਸਦਕੇ ਜਾਂਦਾ ਹਾਂ (ਜਿਸ ਗੁਰੂ ਨੇ ਮੈਨੂੰ ਤੇਰੇ ਚਰਨਾਂ ਵਿਚ ਜੋੜਿਆ ਹੈ) ॥੧॥ ਰਹਾਉ ॥
49335	1149	ਪੂਰਨ ਕਾਮ ਮਿਲੇ ਗੁਰਦੇਵ॥		Pooran Kaam Milae Guradhaev ||	My tasks are perfectly accomplished, meeting the Divine Guru.	ਗੁਰਦੇਵ-ਪ੍ਰਭੂ ਨੂੰ ਮਿਲਿਆਂ ਸਾਰੀਆਂ ਕਾਮਨਾਂ ਪੂਰੀਆਂ ਹੋ ਜਾਂਦੀਆਂ ਹਨ,
49336	1149	ਸਭਿ ਫਲਦਾਤਾ ਨਿਰਮਲ ਸੇਵ॥		Sabh Faladhaathaa Niramal Saev ||	He is the Giver of all rewards. Serving Him, I am immaculate.	ਉਹ ਪ੍ਰਭੂ ਸਾਰੇ ਫਲ ਦੇਣ ਵਾਲਾ ਹੈ, ਉਸ ਦੀ ਸੇਵਾ-ਭਗਤੀ ਜੀਵਨ ਨੂੰ ਪਵਿਤਰ ਕਰ ਦੇਂਦੀ ਹੈ।
49337	1149	ਕਰੁ ਗਹਿ ਲੀਨੇ ਅਪੁਨੇ ਦਾਸ॥		Kar Gehi Leenae Apunae Dhaas ||	He reaches out with His Hand to His slaves.	ਪ੍ਰਭੂ ਆਪਣੇ ਦਾਸਾਂ ਦਾ ਹੱਥ ਫੜ ਕੇ ਉਹਨਾਂ ਨੂੰ ਆਪਣੇ ਬਣਾ ਲੈਂਦਾ ਹੈ,

49338	1149	ਰਾਮ ਨਾਮੁ ਰਿਦ ਦੀਓ ਨਿਵਾਸ॥੨॥		Raam Naam Ridh Dheeou Nivaas ||2||	The Name of the Lord abides in their hearts. ||2||	ਅਤੇ ਉਹਨਾਂ ਦੇ ਹਿਰਦੇ ਵਿਚ ਆਪਣਾ ਨਾਮ ਟਿਕਾ ਦੇਂਦਾ ਹੈ ॥੨॥
49339	1149	ਸਦਾ ਅਨੰਦੁ ਨਾਹੀ ਕਿਛੁ ਸੋਗੁ॥		Sadhaa Anandh Naahee Kishh Sog ||	They are forever in bliss, and do not suffer at all.	(ਜਿਸ ਦੇ ਹਿਰਦੇ ਵਿਚ ਤੂੰ ਆਪਣਾ ਨਾਮ ਟਿਕਾਂਦਾ ਹੈਂ, ਉਸ ਦੇ ਅੰਦਰ) ਸਦਾ ਆਨੰਦ ਬਣਿਆ ਰਹਿੰਦਾ ਹੈ, ਉਸ ਨੂੰ ਕੋਈ ਗ਼ਮ (ਪੋਹ ਨਹੀਂ ਸਕਦਾ)।
49340	1149	ਦੂਖੁ ਦਰਦੁ ਨਹ ਬਿਆਪੈ ਰੋਗੁ॥		Dhookh Dharadh Neh Biaapai Rog ||	No pain, sorrow or disease afflicts them.	ਕੋਈ ਦੁੱਖ ਕੋਈ ਦਰਦ ਕੋਈ ਰੋਗ ਉਸ ਉਤੇ ਆਪਣਾ ਜ਼ੋਰ ਨਹੀਂ ਪਾ ਸਕਦਾ।
49341	1149	ਸਭੁ ਕਿਛੁ ਤੇਰਾ ਤੂ ਕਰਣੈਹਾਰੁ॥		Sabh Kishh Thaeraa Thoo Karanaihaar ||	Everything is Yours, O Creator Lord.	(ਜੋ ਕੁਝ ਦਿੱਸ ਰਿਹਾ ਹੈ, ਇਹ) ਸਭ ਕੁਝ ਤੇਰਾ ਪੈਦਾ ਕੀਤਾ ਹੋਇਆ ਹੈ, ਤੂੰ ਹੀ ਸਭ ਕੁਝ ਪੈਦਾ ਕਰਨ ਦੀ ਸਮਰਥਾ ਵਾਲਾ ਹੈਂ।
49342	1149	ਪਾਰਬ੍ਰਹਮ ਗੁਰ ਅਗਮ ਅਪਾਰ॥੩॥		Paarabreham Gur Agam Apaar ||3||	The Guru is the Supreme Lord God, the Inaccessible and Infinite. ||3||	ਹੇ ਗੁਰੂ-ਪਾਰਬ੍ਰਹਮ! ਹੇ ਅਪਹੁੰਚ! ਹੇ ਬੇਅੰਤ! ॥੩॥
49343	1149	ਨਿਰਮਲ ਸੋਭਾ ਅਚਰਜ ਬਾਣੀ॥	ਅ-ਚਰਜ	Niramal Sobhaa Acharaj Baanee ||	His Glorious Grandeur is immaculate, and the Bani of His Word is wonderful!	ਉਸ ਦੀ ਬੇ-ਦਾਗ਼ ਸੋਭਾ (ਹਰ ਥਾਂ ਪਸਰ ਜਾਂਦੀ ਹੈ, ਪਰਮਾਤਮਾ ਦੀ) ਵਿਸਮਾਦ ਪੈਦਾ ਕਰਨ ਵਾਲੀ ਬਾਣੀ-

49344	1149	ਪਾਰਬ੍ਰਹਮ ਪੂਰਨ ਮਨਿ ਭਾਣੀ॥		Paarabreham Pooran Man Bhaanee ||	The Perfect Supreme Lord God is pleasing to my mind.	ਸਰਬ-ਵਿਆਪਕ ਪਰਮਾਤਮਾ ਦੀ (ਸਿਫ਼ਤ-ਸਾਲਾਹ) ਜਿਸ ਮਨੁੱਖ ਦੇ ਮਨ ਵਿਚ ਮਿੱਠੀ ਲੱਗ ਪੈਂਦੀ ਹੈ।
49345	1149	ਜਲਿ ਥਲਿ ਮਹੀਅਲਿ ਰਵਿਆ ਸੋਇ॥		Jal Thhal Meheeal Raviaa Soe ||	He is permeating the waters, the lands and the skies.	ਉਹ ਪ੍ਰਭੂ ਜਲ ਵਿਚ ਧਰਤੀ ਵਿਚ ਆਕਾਸ਼ ਵਿਚ ਸਭ ਥਾਂ ਮੌਜੂਦ ਹੈ
49346	1149	ਨਾਨਕ ਸਭੁ ਕਿਛੁ ਪ੍ਰਭ ਤੇ ਹੋਇ॥੪॥੩੪॥੪੭॥		Naanak Sabh Kishh Prabh Thae Hoe ||4||34||47||	O Nanak, everything comes from God. ||4||34||47||	ਹੇ ਨਾਨਕ! (ਜੋ ਕੁਝ ਜਗਤ ਵਿਚ ਹੋ ਰਿਹਾ ਹੈ) ਸਭ ਕੁਝ ਪ੍ਰਭੂ ਤੋਂ (ਪ੍ਰਭੂ ਦੇ ਹੁਕਮ ਨਾਲ ਹੀ) ਹੋ ਰਿਹਾ ਹੈ ॥੪॥੩੪॥੪੭॥
49347	1149	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49348	1149	ਮਨੁ ਤਨੁ ਰਾਤਾ ਰਾਮ ਰੰਗਿ ਚਰਣੇ॥		Man Than Raathaa Raam Rang Charanae ||	My mind and body are imbued with the Love of the Lord's Feet.	ਉਸ ਮਨੁੱਖ ਦਾ ਮਨ ਉਸ ਦਾ ਤਨ ਪਰਮਾਤਮਾ ਦੇ ਚਰਨਾਂ ਦੇ ਪਿਆਰ ਵਿਚ ਮਸਤ ਰਹਿੰਦਾ ਹੈ,
49349	1150	ਸਰਬ ਮਨੋਰਥ ਪੂਰਨ ਕਰਣੇ॥		Sarab Manorathh Pooran Karanae ||	All the desires of my mind have been perfectly fulfilled.	ਪਰਮਾਤਮਾ ਉਸ ਦੀਆਂ ਸਾਰੀਆਂ ਲੋੜਾਂ ਪੂਰੀਆਂ ਕਰਦਾ ਰਹਿੰਦਾ ਹੈ,
49350	1150	ਆਠ ਪਹਰ ਗਾਵਤ ਭਗਵੰਤੁ॥		Aath Pehar Gaavath Bhagavanth ||	Twenty-four hours a day, I sing of the Lord God.	(ਉਸ ਦੀ ਉਮਰ) ਅੱਠੇ ਪਹਰ ਭਗਵਾਨ ਦੇ ਗੁਣ ਗਾਂਦਿਆਂ (ਬੀਤਦੀ ਹੈ),
49351	1150	ਸਤਿਗੁਰਿ ਦੀਨੋ ਪੂਰਾ ਮੰਤੁ॥੧॥		Sathigur Dheeno Pooraa Manth ||1||	The True Guru has imparted this perfect wisdom. ||1||	ਜਿਸ ਮਨੁੱਖ ਨੂੰ ਗੁਰੂ ਨੇ (ਸਾਰੇ ਗੁਣਾਂ ਨਾਲ) ਭਰਪੂਰ ਨਾਮ-ਮੰਤ੍ਰ ਦੇ ਦਿੱਤਾ ॥੧॥

49352	1150	ਸੋ ਵਡਭਾਗੀ ਜਿਸੁ ਨਾਮਿ ਪਿਆਰੁ॥		So Vaddabhaagee Jis Naam Piaar ||	Very fortunate are those who love the Naam, the Name of the Lord.	ਜਿਸ ਮਨੁੱਖ ਦਾ ਪਰਮਾਤਮਾ ਦੇ ਨਾਮ ਵਿਚ ਪਿਆਰ ਬਣ ਗਿਆ ਹੈ, ਉਹ ਵੱਡੇ ਭਾਗਾਂ ਵਾਲਾ ਹੈ।
49353	1150	ਤਿਸ ਕੈ ਸੰਗਿ ਤਰੈ ਸੰਸਾਰੁ॥੧॥ਰਹਾਉ॥		This Kai Sang Tharai Sansaar ||1|| Rehaao ||	Associating with them, we cross over the world-ocean. ||1||Pause||	ਉਸ (ਮਨੁੱਖ) ਦੀ ਸੰਗਤ ਵਿਚ ਸਾਰਾ ਜਗਤ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ ॥੧॥ ਰਹਾਉ ॥
49354	1150	ਸੋਈ ਗਿਆਨੀ ਜਿ ਸਿਮਰੈ ਏਕ॥		Soee Giaanee J Simarai Eaek ||	They are spiritual teachers, who meditate in remembrance on the One Lord.	ਜਿਹੜਾ ਮਨੁੱਖ ਇਕ ਪ੍ਰਭੂ ਦਾ ਨਾਮ ਸਿਮਰਦਾ ਰਹਿੰਦਾ ਹੈ, ਉਹੀ ਆਤਮਕ ਜੀਵਨ ਦੀ ਸੂਝ ਵਾਲਾ ਹੁੰਦਾ ਹੈ।
49355	1150	ਸੋ ਧਨਵੰਤਾ ਜਿਸੁ ਬੁਧਿ ਬਿਬੇਕ॥		So Dhhanavanthaa Jis Budhh Bibaek ||	Wealthy are those who have a discriminating intellect.	ਜਿਸ ਮਨੁੱਖ ਨੂੰ ਚੰਗੇ ਮੰਦੇ ਕਰਮ ਦੀ ਪਰਖ ਦੀ ਅਕਲ ਆ ਜਾਂਦੀ ਹੈ ਉਹ ਮਨੁੱਖ ਨਾਮ-ਧਨ ਦਾ ਮਾਲਕ ਬਣ ਜਾਂਦਾ ਹੈ।
49356	1150	ਸੋ ਕੁਲਵੰਤਾ ਜਿ ਸਿਮਰੈ ਸੁਆਮੀ॥		So Kulavanthaa J Simarai Suaamee ||	Noble are those who remember their Lord and Master in meditation.	ਜਿਹੜਾ ਮਨੁੱਖ ਮਾਲਕ-ਪ੍ਰਭੂ ਨੂੰ ਯਾਦ ਕਰਦਾ ਰਹਿੰਦਾ ਹੈ ਉਹ (ਸਭ ਤੋਂ ਉੱਚੇ ਪ੍ਰਭੂ ਨਾਲ ਛੁਹ ਕੇ) ਉੱਚੀ ਕੁਲ ਵਾਲਾ ਬਣ ਗਿਆ।

49357	1150	ਸੋ ਪਤਿਵੰਤਾ ਜਿ ਆਪੁ ਪਛਾਨੀ॥੨॥		So Pathivanthaa J Aap Pashhaanee ||2||	Honorable are those who understand their own selves. ||2||	ਜਿਹੜਾ ਮਨੁੱਖ ਆਪਣੇ ਆਚਰਨ ਨੂੰ ਪੜਤਾਲਦਾ ਰਹਿੰਦਾ ਹੈ ਉਹ (ਲੋਕ ਪਰਲੋਕ ਵਿਚ) ਇੱਜ਼ਤ ਵਾਲਾ ਹੋ ਜਾਂਦਾ ਹੈ ॥੨॥
49358	1150	ਗੁਰ ਪਰਸਾਦਿ ਪਰਮਪਦੁ ਪਾਇਆ॥		Gur Parasaadh Param Padh Paaeiaa ||	By Guru's Grace, I have obtained the supreme status.	ਉਸ ਮਨੁੱਖ ਨੂੰ ਗੁਰੂ ਦੀ ਕਿਰਪਾ ਨਾਲ ਸਭ ਤੋਂ ਉੱਚਾ ਆਤਮਕ ਦਰਜਾ ਮਿਲ ਗਿਆ,
49359	1150	ਗੁਣ ਗੋਪਾਲ ਦਿਨੁ ਰੈਨਿ ਧਿਆਇਆ॥	ਗੋ: ਹੋੜੇ ਔਂਕੜ ਵਿਚਾਲੇ ਬੋਲੋ	Gun Guopaal Dhin Rain Dhhiaaeiaa ||	Day and night I meditate on the Glories of God.	ਜਿਸ ਮਨੁੱਖ ਨੇ ਦਿਨ ਰਾਤ (ਹਰ ਵੇਲੇ) ਪਰਮਾਤਮਾ ਦੇ ਗੁਣ ਗਾਣੇ ਸ਼ੁਰੂ ਕਰ ਦਿੱਤੇ।
49360	1150	ਤੂਟੇ ਬੰਧਨ ਪੂਰਨ ਆਸਾ॥		Thoottae Bandhhan Pooran Aasaa ||	My bonds are broken, and my hopes are fulfilled.	ਉਸ ਦੀਆਂ ਮਾਇਆ ਦੇ ਮੋਹ ਦੀਆਂ ਸਭ ਫਾਹੀਆਂ ਟੁੱਟ ਗਈਆਂ, ਉਸ ਦੀਆਂ ਸਭ ਆਸਾਂ ਪੂਰੀਆਂ ਹੋ ਗਈਆਂ,
49361	1150	ਹਰਿ ਕੇ ਚਰਣ ਰਿਦ ਮਾਹਿ ਨਿਵਾਸਾ॥੩॥		Har Kae Charan Ridh Maahi Nivaasaa ||3||	The Feet of the Lord now abide in my heart. ||3||	ਪਰਮਾਤਮਾ ਦੇ ਚਰਨ ਉਸ ਦੇ ਹਿਰਦੇ ਵਿਚ (ਸਦਾ ਲਈ) ਟਿਕ ਗਏ ॥੩॥
49362	1150	ਕਹੁ ਨਾਨਕ ਜਾ ਕੇ ਪੂਰਨ ਕਰਮਾ॥		Kahu Naanak Jaa Kae Pooran Karamaa ||	Says Nanak, one whose karma is perfect	ਨਾਨਕ ਆਖਦਾ ਹੈ- ਜਿਸ ਮਨੁੱਖ ਦੇ ਪੂਰੇ ਭਾਗ ਜਾਗ ਪੈਂਦੇ ਹਨ,
49363	1150	ਸੋ ਜਨੁ ਆਇਆ ਪ੍ਰਭ ਕੀ ਸਰਨਾ॥		So Jan Aaeiaa Prabh Kee Saranaa ||	That humble being enters the Sanctuary of God.	ਉਹ ਮਨੁੱਖ ਪਰਮਾਤਮਾ ਦੀ ਸਰਨ ਵਿਚ ਆ ਪੈਂਦਾ ਹੈ।

49364	1150	ਆਪਿ ਪਵਿਤੁ ਪਾਵਨ ਸਭਿ ਕੀਨੇ॥		Aap Pavith Paavan Sabh Keenae ||	He himself is pure, and he sanctifies all.	ਉਹ ਮਨੁੱਖ ਆਪ ਸੁੱਚੇ ਆਚਰਨ ਵਾਲਾ ਬਣ ਜਾਂਦਾ ਹੈ (ਜਿਹੜੇ ਉਸ ਦੀ ਸੰਗਤ ਕਰਦੇ ਹਨ ਉਹਨਾਂ) ਸਾਰਿਆਂ ਨੂੰ ਭੀ ਪਵਿੱਤਰ ਜੀਵਨ ਵਾਲਾ ਬਣਾ ਲੈਂਦਾ ਹੈ।
49365	1150	ਰਾਮ ਰਸਾਇਣੁ ਰਸਨਾ ਚੀਨੇ॥੪॥੩੫॥੪੮॥		Raam Rasaaein Rasanaa Cheenhae ||4||35||48||	His tongue chants the Name of the Lord, the Source of Nectar. ||4||35||48||	ਉਹ ਮਨੁੱਖ ਆਪਣੀ ਜੀਭ ਨਾਲ ਸਭ ਰਸਾਂ ਤੋਂ ਸ੍ਰੇਸ਼ਟ ਨਾਮ-ਰਸ ਨੂੰ ਚੱਖਦਾ ਰਹਿੰਦਾ ਹੈ ॥੪॥੩੫॥੪੮॥
49366	1150	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49367	1150	ਨਾਮੁ ਲੈਤ ਕਿਛੁ ਬਿਘਨੁ ਨ ਲਾਗੈ॥		Naam Laith Kishh Bighan N Laagai ||	Repeating the Naam, the Name of the Lord, no obstacles block the way.	ਪਰਮਾਤਮਾ ਦਾ ਨਾਮ ਜਪਦਿਆਂ (ਜ਼ਿੰਦਗੀ ਦੇ ਸਫ਼ਰ ਵਿਚ ਕਾਮਾਦਿਕ ਦੀ) ਕੋਈ ਰੁਕਾਵਟ ਨਹੀਂ ਪੈਂਦੀ।
49368	1150	ਨਾਮੁ ਸੁਣਤ ਜਮੁ ਦੂਰਹੁ ਭਾਗੈ॥		Naam Sunath Jam Dhoorahu Bhaagai ||	Listening to the Naam, the Messenger of Death runs far away.	ਪਰਮਾਤਮਾ ਦਾ ਨਾਮ ਸੁਣਦਿਆਂ (ਜੀਵਨ ਇਤਨਾ ਉੱਚਾ ਹੋ ਜਾਂਦਾ ਹੈ ਕਿ ਨਾਮ ਜਪਣ ਵਾਲੇ ਮਨੁੱਖ ਪਾਸੋਂ) ਜਮਰਾਜ ਦੂਰੋਂ ਹੀ ਪਰੇ ਹਟ ਜਾਂਦਾ ਹੈ।
49369	1150	ਨਾਮੁ ਲੈਤ ਸਭ ਦੂਖਹ ਨਾਸੁ॥		Naam Laith Sabh Dhookheh Naas ||	Repeating the Naam, all pains vanish.	ਨਾਮ ਜਪਦਿਆਂ ਸਾਰੇ ਦੁੱਖਾਂ ਦਾ ਨਾਸ ਹੋ ਜਾਂਦਾ ਹੈ,

49370	1150	ਨਾਮੁ ਜਪਤ ਹਰਿ ਚਰਣ ਨਿਵਾਸੁ॥੧॥		Naam Japath Har Charan Nivaas ||1||	Chanting the Naam, the Lord's Lotus Feet dwell within. ||1||	ਅਤੇ ਪਰਮਾਤਮਾ ਦੇ ਚਰਨਾਂ ਵਿਚ ਮਨ ਟਿਕਿਆ ਰਹਿੰਦਾ ਹੈ ॥੧॥
49371	1150	ਨਿਰਬਿਘਨ ਭਗਤਿ ਭਜੁ ਹਰਿ ਹਰਿ ਨਾਉ॥		Nirabighan Bhagath Bhaj Har Har Naao ||	Meditating, vibrating the Name of the Lord, Har, Har, is unobstructed devotional worship.	ਇਹ ਭਗਤੀ ਜ਼ਿੰਦਗੀ ਦੇ ਰਾਹ ਵਿਚ (ਵਿਕਾਰਾਂ ਦੀ) ਕੋਈ ਰੁਕਾਵਟ ਨਹੀਂ ਪੈਣ ਦੇਂਦੀ।
49372	1150	ਰਸਕਿ ਰਸਕਿ ਹਰਿ ਕੇ ਗੁਣ ਗਾਉ॥੧॥ਰਹਾਉ॥		Rasak Rasak Har Kae Gun Gaao ||1|| Rehaao ||	Sing the Glorious Praises of the Lord with loving affection and energy. ||1||Pause||	ਬੜੇ ਪ੍ਰੇਮ ਨਾਲ ਸਦਾ ਪਰਮਾਤਮਾ ਦੇ ਗੁਣ ਗਾਂਦਾ ਰਿਹਾ ਕਰ, ਸਦਾ ਹਰੀ ਦਾ ਨਾਮ ਜਪਦਾ ਰਿਹਾ ਕਰ ॥੧॥ ਰਹਾਉ ॥
49373	1150	ਹਰਿ ਸਿਮਰਤ ਕਿਛੁ ਚਾਖੁ ਨ ਜੋਹੈ॥		Har Simarath Kishh Chaakh N Johai ||	Meditating in remembrance on the Lord, the Eye of Death cannot see you.	ਪਰਮਾਤਮਾ ਦਾ ਨਾਮ ਸਿਮਰਦਿਆਂ ਕੋਈ ਭੈੜੀ ਨਜ਼ਰ ਨਹੀਂ ਲੱਗਦੀ,
49374	1150	ਹਰਿ ਸਿਮਰਤ ਦੈਤ ਦੇਉ ਨ ਪੋਹੈ॥	ਦੈਂਤ	Har Simarath Dhaith Dhaeo N Pohai ||	Meditating in remembrance on the Lord, demons and ghosts shall not touch you.	ਪਰਮਾਤਮਾ ਦਾ ਨਾਮ ਸਿਮਰਦਿਆਂ ਕੋਈ ਦੈਂਤ ਕੋਈ ਦੇਉ ਆਪਣਾ ਜ਼ੋਰ ਨਹੀਂ ਪਾ ਸਕਦਾ,
49375	1150	ਹਰਿ ਸਿਮਰਤ ਮੋਹੁ ਮਾਨੁ ਨ ਬਧੈ॥		Har Simarath Mohu Maan N Badhhai ||	Meditating in remembrance on the Lord, attachment and pride shall not bind you.	ਪਰਮਾਤਮਾ ਦਾ ਨਾਮ ਸਿਮਰਦਿਆਂ ਮਾਇਆ ਦਾ ਮੋਹ ਦੁਨੀਆ ਦਾ ਕੋਈ ਮਾਣ ਆਤਮਕ ਜੀਵਨ ਨੂੰ ਕੁਚਲ ਨਹੀਂ ਸਕਦਾ,

49376	1150	ਹਰਿ ਸਿਮਰਤ ਗਰਭ ਜੋਨਿ ਨ ਰੁਧੈ॥੨॥	ਰੁੱਧੈ	Har Simarath Garabh Jon N Rudhhai ||2||	Meditating in remembrance on the Lord, you shall not be consigned to the womb of reincarnation. ||2||	ਪਰਮਾਤਮਾ ਦਾ ਨਾਮ ਸਿਮਰਦਿਆਂ ਮਨੁੱਖ ਜੂਨਾਂ ਦੇ ਗੇੜ ਵਿਚ ਨਹੀਂ ਫਸਦਾ ॥੨॥
49377	1150	ਹਰਿ ਸਿਮਰਨ ਕੀ ਸਗਲੀ ਬੇਲਾ॥	ਬੇਲਾ: ਪੋਲਾ ਬੋਲੋ	Har Simaran Kee Sagalee Baelaa ||	Any time is a good time to meditate in remembrance on the Lord.	(ਜਿਹੜਾ ਭੀ ਸਮਾ ਸਿਮਰਨ ਵਿਚ ਗੁਜ਼ਾਰਿਆ ਜਾਏ ਉਹੀ ਚੰਗਾ ਹੈ) ਹਰੇਕ ਸਮਾ ਸਿਮਰਨ ਵਾਸਤੇ ਢੁਕਵਾਂ ਹੈ,
49378	1150	ਹਰਿ ਸਿਮਰਨੁ ਬਹੁ ਮਾਹਿ ਇਕੇਲਾ॥		Har Simaran Bahu Maahi Eikaelaa ||	Among the masses, only a few meditate in remembrance on the Lord.	ਪਰ ਅਨੇਕਾਂ ਵਿਚੋਂ ਕੋਈ ਵਿਰਲਾ ਮਨੁੱਖ ਹੀ ਹਰਿ-ਨਾਮ ਦਾ ਸਿਮਰਨ ਕਰਦਾ ਹੈ।
49379	1150	ਜਾਤਿ ਅਜਾਤਿ ਜਪੈ ਜਨੁ ਕੋਇ॥		Jaath Ajaath Japai Jan Koe ||	Social class or no social class, anyone may meditate on the Lord.	ਉੱਚੀ ਜਾਤਿ ਦਾ ਹੋਵੇ ਚਾਹੇ ਨੀਵੀਂ ਜਾਤਿ ਦਾ ਹੋਵੇ,
49380	1150	ਜੋ ਜਾਪੈ ਤਿਸ ਕੀ ਗਤਿ ਹੋਇ॥੩॥		Jo Jaapai This Kee Gath Hoe ||3||	Whoever meditates on Him is emancipated. ||3||	ਜਿਹੜਾ ਭੀ ਮਨੁੱਖ ਨਾਮ ਜਪਦਾ ਹੈ ਉਸ ਦੀ ਆਤਮਕ ਅਵਸਥਾ ਉੱਚੀ ਹੋ ਜਾਂਦੀ ਹੈ ॥੩॥
49381	1150	ਹਰਿ ਕਾ ਨਾਮੁ ਜਪੀਐ ਸਾਧਸੰਗਿ॥		Har Kaa Naam Japeeai Saadhhasang ||	Chant the Name of the Lord in the Saadh Sangat, the Company of the Holy.	ਪਰਮਾਤਮਾ ਦਾ ਨਾਮ ਸਾਧ ਸੰਗਤ ਵਿਚ (ਰਹਿ ਕੇ) ਜਪਿਆ ਜਾ ਸਕਦਾ ਹੈ,

49382	1150	ਹਰਿ ਕੇ ਨਾਮ ਕਾ ਪੂਰਨ ਰੰਗੁ॥		Har Kae Naam Kaa Pooran Rang ||	Perfect is the Love of the Lord's Name.	(ਸਾਧ ਸੰਗਤ ਦੀ ਸਹਾਇਤਾ ਨਾਲ ਹੀ) ਪਰਮਾਤਮਾ ਦੇ ਨਾਮ ਦਾ ਪੂਰਾ ਰੰਗ (ਮਨੁੱਖ ਦੀ ਜ਼ਿੰਦਗੀ ਉਤੇ ਚੜ੍ਹਦਾ ਹੈ)।
49383	1150	ਨਾਨਕ ਕਉ ਪ੍ਰਭ ਕਿਰਪਾ ਧਾਰਿ॥		Naanak Ko Prabh Kirapaa Dhhaar ||	O God, shower Your Mercy on Nanak,	ਹੇ ਪ੍ਰਭੂ! (ਆਪਣੇ ਦਾਸ) ਨਾਨਕ ਉਤੇ ਮਿਹਰ ਕਰ,
49384	1150	ਸਾਸਿ ਸਾਸਿ ਹਰਿ ਦੇਹੁ ਚਿਤਾਰਿ॥੪॥੩੬॥੪੯॥		Saas Saas Har Dhaehu Chithaar ||4||36||49||	That he may think of you with each and every breath. ||4||36||49||	ਹੇ ਹਰੀ! (ਮੈਨੂੰ ਆਪਣੇ ਨਾਮ ਦੀ ਦਾਤਿ) ਦੇਹ (ਤਾ ਕਿ) ਮੈਂ (ਆਪਣੇ) ਹਰੇਕ ਸਾਹ ਦੇ ਨਾਲ (ਤੇਰਾ ਨਾਮ) ਚੇਤੇ ਕਰਦਾ ਰਹਾਂ ॥੪॥੩੬॥੪੯॥
49385	1150	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49386	1150	ਆਪੇ ਸਾਸਤੁ ਆਪੇ ਬੇਦੁ॥		Aapae Saasath Aapae Baedh ||	He Himself is the Shaastras, and He Himself is the Vedas.	ਹੇ ਮੇਰੇ ਮਨ! ਉਹ (ਪਰਮਾਤਮਾ) ਆਪ ਹੀ (ਤੇਰੇ ਵਾਸਤੇ) ਸ਼ਾਸਤ੍ਰ ਹੈ, ਉਹ (ਪਰਮਾਤਮਾ) ਆਪ ਹੀ (ਤੇਰੇ ਵਾਸਤੇ) ਵੇਦ ਹੈ (ਭਾਵ, ਪਰਮਾਤਮਾ ਦਾ ਨਾਮ ਹੀ ਤੇਰੇ ਵਾਸਤੇ ਵੇਦ ਸ਼ਾਸਤ੍ਰ ਹੈ)।
49387	1150	ਆਪੇ ਘਟਿ ਘਟਿ ਜਾਣੈ ਭੇਦੁ॥		Aapae Ghatt Ghatt Jaanai Bhaedh ||	He knows the secrets of each and every heart.	ਹੇ ਮਨ! ਉਹ ਪਰਮਾਤਮਾ ਆਪ ਹੀ ਹਰੇਕ ਸਰੀਰ ਵਿਚ (ਵੱਸ ਰਿਹਾ ਹੈ), ਉਹ ਆਪ ਹੀ (ਹਰੇਕ ਜੀਵ ਦੇ ਦਿਲ ਦਾ) ਭੇਦ ਜਾਣਦਾ ਹੈ।

49388	1150	ਜੋਤਿ ਸਰੂਪ ਜਾ ਕੀ ਸਭ ਵਥੁ॥		Joth Saroop Jaa Kee Sabh Vathh ||	He is the Embodiment of Light; all beings belong to Him.	ਹੇ ਮੇਰੇ ਮਨ! ਇਹ ਸਾਰੀ ਸ੍ਰਿਸ਼ਟੀ ਜਿਸ (ਪਰਮਾਤਮਾ) ਦੀ (ਰਚੀ ਹੋਈ ਹੈ) ਉਹ ਨਿਰਾ ਨੂਰ ਹੀ ਨੂਰ ਹੈ।
49389	1150	ਕਰਣ ਕਾਰਣ ਪੂਰਨ ਸਮਰਥੁ॥੧॥		Karan Kaaran Pooran Samarathh ||1||	The Creator, the Cause of causes, the Perfect All-powerful Lord. ||1||	ਉਹ ਹੀ ਸਾਰੇ ਜਗਤ ਦਾ ਮੂਲ ਹੈ, ਉਹ ਸਭ ਥਾਈਂ ਮੌਜੂਦ ਹੈ, ਉਹ ਸਭ ਤਾਕਤਾਂ ਦਾ ਮਾਲਕ ਹੈ ॥੧॥
49390	1150	ਪ੍ਰਭ ਕੀ ਓਟ ਗਹਹੁ ਮਨ ਮੇਰੇ॥	ਗਹ-ਹੁ	Prabh Kee Outt Gehahu Man Maerae ||	Grab hold of the Support of God, O my mind.	ਹੇ ਮੇਰੇ ਮਨ! ਪਰਮਾਤਮਾ ਦਾ ਆਸਰਾ ਲਈ ਰੱਖ।
49391	1150	ਚਰਨਕਮਲ ਗੁਰਮੁਖਿ ਆਰਾਧਹੁ ਦੁਸਮਨ ਦੂਖੁ ਨ ਆਵੈ ਨੇਰੇ॥੧॥ਰਹਾਉ॥		Charan Kamal Guramukh Aaraadhhahu Dhusaman Dhookh N Aavai Naerae ||1|| Rehaao ||	As Gurmukh, worship and adore His Lotus Feet; enemies and pains shall not even approach you. ||1||Pause||	ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਸੋਹਣੇ ਚਰਨਾਂ ਦਾ ਆਰਾਧਨ ਕਰਿਆ ਕਰ, (ਜਿਹੜਾ ਮਨੁੱਖ ਇਹ ਉੱਦਮ ਕਰਦਾ ਹੈ, ਕੋਈ) ਵੈਰੀ (ਉਸ ਦੇ) ਨੇੜੇ ਨਹੀਂ ਆਉਂਦੇ, ਕੋਈ ਦੁੱਖ (ਉਸ ਦੇ) ਨੇੜੇ ਨਹੀਂ ਆਉਂਦਾ ॥੧॥ ਰਹਾਉ ॥
49392	1150	ਆਪੇ ਵਣੁ ਤ੍ਰਿਣੁ ਤ੍ਰਿਭਵਣ ਸਾਰੁ॥		Aapae Van Thrin Thribhavan Saar ||	He Himself is the Essence of the forests and fields, and all the three worlds.	ਹੇ ਮੇਰੇ ਮਨ! ਉਹ (ਪ੍ਰਭੂ) ਆਪ ਹੀ (ਹਰੇਕ) ਜੰਗਲ (ਨੂੰ ਪੈਦਾ ਕਰਨ ਵਾਲਾ) ਹੈ, (ਸਾਰੀ) ਵਨਸਪਤੀ (ਨੂੰ ਪੈਦਾ ਕਰਨ ਵਾਲਾ) ਹੈ, ਉਹ ਆਪ ਹੀ ਤਿੰਨਾਂ ਭਵਨਾਂ ਦਾ ਮੂਲ ਹੈ।
49393	1150	ਜਾ ਕੈ ਸੂਤਿ ਪਰੋਇਆ ਸੰਸਾਰੁ॥		Jaa Kai Sooth Paroeiaa Sansaar ||	The universe is strung on His Thread.	(ਉਹ ਐਸਾ ਹੈ) ਜਿਸ ਦੇ ਹੁਕਮ ਵਿਚ ਸਾਰਾ ਜਗਤ ਪ੍ਰੋਤਾ ਹੋਇਆ ਹੈ।

49394	1150	ਆਪੇ ਸਿਵ ਸਕਤੀ ਸੰਜੋਗੀ॥		Aapae Siv Sakathee Sanjogee ||	He is the Uniter of Shiva and Shakti - mind and matter.	ਹੇ ਮਨ! ਉਹ ਆਪ ਹੀ ਜੀਵਾਤਮਾ ਤੇ ਪ੍ਰਕ੍ਰਿਤੀ ਨੂੰ ਜੋੜਨ ਵਾਲਾ ਹੈ,
49395	1150	ਆਪਿ ਨਿਰਬਾਣੀ ਆਪੇ ਭੋਗੀ॥੨॥		Aap Nirabaanee Aapae Bhogee ||2||	He Himself is in the detachment of Nirvaanaa, and He Himself is the Enjoyer. ||2||	ਉਹ ਆਪ ਹੀ (ਸਭ ਤੋਂ ਵੱਖਰਾ) ਵਾਸਨਾ-ਰਹਿਤ ਹੈ, ਉਹ ਆਪ ਹੀ (ਸਭ ਵਿਚ ਵਿਆਪਕ ਹੋ ਕੇ ਸਾਰੇ ਭੋਗ) ਭੋਗਣ ਵਾਲਾ ਹੈ ॥੨॥
49396	1150	ਜਤ ਕਤ ਪੇਖਉ ਤਤ ਤਤ ਸੋਇ॥		Jath Kath Paekho Thath Thath Soe ||	Wherever I look, there He is.	ਮੈਂ ਜਿਧਰ ਕਿਧਰ ਵੇਖਦਾ ਹਾਂ, ਹਰ ਥਾਂ ਉਹ ਪ੍ਰਭੂ ਆਪ ਹੀ ਮੌਜੂਦ ਹੈ,
49397	1150	ਤਿਸੁ ਬਿਨੁ ਦੂਜਾ ਨਾਹੀ ਕੋਇ॥		This Bin Dhoojaa Naahee Koe ||	Without Him, there is no one at all.	ਉਸ ਤੋਂ ਬਿਨਾ (ਕਿਤੇ ਭੀ) ਕੋਈ ਹੋਰ ਦੂਜਾ ਨਹੀਂ ਹੈ।
49398	1150	ਸਾਗਰੁ ਤਰੀਐ ਨਾਮ ਕੈ ਰੰਗਿ॥		Saagar Thareeai Naam Kai Rang ||	In the Love of the Naam, the world-ocean is crossed.	(ਉਸ ਪਰਮਾਤਮ ਦੇ) ਨਾਮ ਵਿਚ ਪਿਆਰ ਪਾਇਆਂ ਹੀ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ।
49399	1150	ਗੁਣ ਗਾਵੈ ਨਾਨਕੁ ਸਾਧਸੰਗਿ॥੩॥		Gun Gaavai Naanak Saadhhasang ||3||	Nanak sings His Glorious Praises in the Saadh Sangat, the Company of the Holy. ||3||	ਨਾਨਕ (ਭੀ) ਸਾਧ ਸੰਗਤ ਵਿਚ (ਰਹਿ ਕੇ ਉਸੇ ਪਰਮਾਤਮਾ ਦੇ) ਗੁਣ ਗਾਂਦਾ ਹੈ ॥੩॥
49400	1150	ਮੁਕਤਿ ਭੁਗਤਿ ਜੁਗਤਿ ਵਸਿ ਜਾ ਕੈ॥	ਵੱਸਿ	Mukath Bhugath Jugath Vas Jaa Kai ||	Liberation, the ways and means of enjoyment and union are under His Control.	(ਜੀਵਾਂ ਨੂੰ) ਮੁਕਤੀ (ਦੇਣੀ, ਜੀਵਾਂ ਨੂੰ ਖਾਣ-ਪੀਣ ਨੂੰ) ਭੋਜਨ (ਦੇਣਾ, ਜੀਵਾਂ ਨੂੰ) ਜੀਵਨ-ਤੋਰੇ ਤੋਰਨਾ- ਇਹ ਸਭ ਕੁਝ ਜਿਸ ਪਰਮਾਤਮਾ ਦੇ ਵੱਸ ਵਿਚ ਹੈ।

49401	1150	ਊਣਾ ਨਾਹੀ ਕਿਛੁ ਜਨ ਤਾ ਕੈ॥		Oonaa Naahee Kishh Jan Thaa Kai ||	His humble servant lacks nothing.	ਉਸ ਦੇ ਘਰ ਵਿਚ (ਕਿਸੇ ਚੀਜ਼ ਦੀ) ਕੋਈ ਕਮੀ ਨਹੀਂ ਹੈ।
49402	1150	ਕਰਿ ਕਿਰਪਾ ਜਿਸੁ ਹੋਇ ਸੁਪ੍ਰਸੰਨ॥	ਸੁਪ੍ਰਸੰਨ	Kar Kirapaa Jis Hoe Suprasann ||	That person, with whom the Lord, in His Mercy, is pleased	ਮਿਹਰ ਕਰ ਕੇ ਜਿਸ ਜਿਸ ਮਨੁੱਖ ਉੱਤੇ ਪਰਮਾਤਮਾ ਦਇਆਵਾਨ ਹੁੰਦਾ ਹੈ,
49403	1150	ਨਾਨਕ ਦਾਸ ਸੇਈ ਜਨ ਧੰਨ॥੪॥੩੭॥੫੦॥		Naanak Dhaas Saeee Jan Dhann ||4||37||50||	- O slave Nanak, that humble servant is blessed. ||4||37||50||	ਹੇ ਦਾਸ ਨਾਨਕ! ਉਹੀ ਸਾਰੇ ਬੰਦੇ (ਅਸਲ) ਭਾਗਾਂ ਵਾਲੇ ਹਨ ॥੪॥੩੭॥੫੦॥
49404	1150	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49405	1150	ਭਗਤਾ ਮਨਿ ਆਨੰਦੁ ਗੋਬਿੰਦ॥		Bhagathaa Man Aanandh Gobindh ||	The minds of the Lord's devotee are filled with bliss.	ਪਰਮਾਤਮਾ ਦੇ ਭਗਤਾਂ ਦੇ ਮਨ ਵਿਚ ਸਦਾ ਆਤਮਕ ਹੁਲਾਰਾ ਟਿਕਿਆ ਰਹਿੰਦਾ ਹੈ।
49406	1150	ਅਸਥਿਤਿ ਭਏ ਬਿਨਸੀ ਸਭ ਚਿੰਦ॥		Asathhith Bheae Binasee Sabh Chindh ||	They become stable and permanent, and all their anxiety is gone.	(ਦੁਨੀਆ ਦੇ ਡਰਾਂ, ਦੁਨੀਆ ਦੀਆਂ ਭਟਕਣਾਂ ਵਲੋਂ ਉਹਨਾਂ ਦੇ ਅੰਦਰ ਸਦਾ) ਅਡੋਲਤਾ ਰਹਿੰਦੀ ਹੈ (ਦੁਨੀਆ ਦੇ ਡਰਾਂ ਦਾ ਉਹਨਾਂ ਨੂੰ) ਚਿਤ-ਚੇਤਾ ਭੀ ਨਹੀਂ ਰਹਿੰਦਾ।
49407	1151	ਭੈ ਭ੍ਰਮ ਬਿਨਸਿ ਗਏ ਖਿਨ ਮਾਹਿ॥		Bhai Bhram Binas Geae Khin Maahi ||	Their fears and doubts are dispelled in an instant.	ਉਸ ਦੇ ਸਾਰੇ ਡਰ ਸਹਿਮ ਇਕ ਖਿਨ ਵਿਚ ਦੂਰ ਹੋ ਜਾਂਦੇ ਹਨ,

49408	1151	ਪਾਰਬ੍ਰਹਮੁ ਵਸਿਆ ਮਨਿ ਆਇ॥੧॥		Paarabreham Vasiaa Man Aae ||1||	The Supreme Lord God comes to dwell in their minds. ||1||	(ਜਿਸ ਮਨੁੱਖ ਦੇ) ਮਨ ਵਿਚ ਪਰਮਾਤਮਾ ਆ ਵੱਸਦਾ ਹੈ ॥੧॥
49409	1151	ਰਾਮ ਰਾਮ ਸੰਤ ਸਦਾ ਸਹਾਇ॥		Raam Raam Santh Sadhaa Sehaae ||	The Lord is forever the Help and Support of the Saints.	(ਉਹ) ਪਰਮਾਤਮਾ ਆਪਣੇ ਸੰਤ ਜਨਾਂ ਦਾ ਸਦਾ ਮਦਦਗਾਰ ਹੈ।
49410	1151	ਘਰਿ ਬਾਹਰਿ ਨਾਲੇ ਪਰਮੇਸਰੁ ਰਵਿ ਰਹਿਆ ਪੂਰਨ ਸਭ ਠਾਇ॥੧॥ਰਹਾਉ॥		Ghar Baahar Naalae Paramaesar Rav Rehiaa Pooran Sabh Thaae ||1|| Rehaao ||	Inside the home of the heart, and outside as well, the Transcendent Lord is always with us, permeating and pervading all places. ||1||Pause||	ਉਹ ਸਭਨੀਂ ਥਾਈਂ ਪੂਰਨ ਤੌਰ ਤੇ ਮੌਜੂਦ ਹੈ, ਘਰ ਵਿਚ ਘਰੋਂ ਬਾਹਰ ਹਰ ਥਾਂ (ਸੰਤ ਜਨਾਂ ਦੇ ਨਾਲ) ਹੁੰਦਾ ਹੈ ॥੧॥ ਰਹਾਉ ॥
49411	1151	ਧਨੁ ਮਾਲੁ ਜੋਬਨੁ ਜੁਗਤਿ ਗੋਪਾਲ॥		Dhhan Maal Joban Jugath Gopaal ||	The Lord of the World is my wealth, property, youth and ways and means.	(ਸੇਵਕ ਵਾਸਤੇ) ਪਰਮਾਤਮਾ ਦਾ ਨਾਮ ਹੀ ਧਨ ਹੈ, ਨਾਮ ਹੀ ਮਾਲ ਹੈ, ਨਾਮ ਹੀ ਜਵਾਨੀ ਹੈ ਅਤੇ ਨਾਮ ਜਪਣਾ ਹੀ ਜੀਊਣ ਦੀ ਸੁਚੱਜੀ ਜਾਚ ਹੈ।
49412	1151	ਜੀਅ ਪ੍ਰਾਣ ਨਿਤ ਸੁਖ ਪ੍ਰਤਿਪਾਲ॥		Jeea Praan Nith Sukh Prathipaal ||	He continually cherishes and brings peace to my soul and breath of life.	ਪਰਮਾਤਮਾ ਸੇਵਕ ਦੀ ਜਿੰਦ ਦੀ ਪਾਲਣਾ ਕਰਦਾ ਹੈ, ਸਦਾ ਉਸ ਦੇ ਪ੍ਰਾਣਾਂ ਦੀ ਰਾਖੀ ਕਰਦਾ ਹੈ, ਉਸ ਨੂੰ ਸਾਰੇ ਸੁਖ ਦੇਂਦਾ ਹੈ।
49413	1151	ਅਪਨੇ ਦਾਸ ਕਉ ਦੇ ਰਾਖੈ ਹਾਥ॥		Apanae Dhaas Ko Dhae Raakhai Haathh ||	He reaches out with His Hand and saves His slave.	ਪਰਮਾਤਮਾ ਆਪਣੇ ਸੇਵਕ ਨੂੰ ਹੱਥ ਦੇ ਕੇ ਬਚਾਂਦਾ ਹੈ।

49414	1151	ਨਿਮਖ ਨ ਛੋਡੈ ਸਦ ਹੀ ਸਾਥ॥੨॥		Nimakh N Shhoddai Sadh Hee Saathh ||2||	He does not abandon us, even for an instant; He is always with us. ||2||	ਉਹ ਅੱਖ ਝਮਕਣ ਜਿਤਨੇ ਸਮੇ ਲਈ ਭੀ ਆਪਣੇ ਸੇਵਕ ਦਾ ਸਾਥ ਨਹੀਂ ਛੱਡਦਾ, ਸਦਾ ਉਸ ਦੇ ਨਾਲ ਰਹਿੰਦਾ ਹੈ ॥੨॥
49415	1151	ਹਰਿ ਸਾ ਪ੍ਰੀਤਮੁ ਅਵਰੁ ਨ ਕੋਇ॥		Har Saa Preetham Avar N Koe ||	There is no other Beloved like the Lord.	ਪਰਮਾਤਮਾ ਵਰਗਾ ਪਿਆਰ ਕਰਨ ਵਾਲਾ ਹੋਰ ਕੋਈ ਨਹੀਂ ਹੈ।
49416	1151	ਸਾਰਿ ਸਮ੍ਹਾਲੇ ਸਾਚਾ ਸੋਇ॥		Saar Samhaalae Saachaa Soe ||	The True Lord takes care of all.	ਉਹ ਸਦਾ-ਥਿਰ ਪ੍ਰਭੂ ਬੜੇ ਗਹੁ ਨਾਲ (ਆਪਣੇ ਭਗਤਾਂ ਦੀ) ਸੰਭਾਲ ਕਰਦਾ ਹੈ।
49417	1151	ਮਾਤ ਪਿਤਾ ਸੁਤ ਬੰਧੁ ਨਰਾਇਣੁ॥		Maath Pithaa Suth Bandhh Naraaein ||	The Lord is our Mother, Father, Son and Relation.	ਉਹਨਾਂ ਵਾਸਤੇ ਪਰਮਾਤਮਾ ਹੀ ਮਾਂ ਹੈ, ਪਰਮਾਤਮਾ ਹੀ ਪਿਉ ਹੈ, ਪਰਮਾਤਮਾ ਹੀ ਪੁੱਤਰ ਹੈ ਪਰਮਾਤਮਾ ਹੀ ਸਨਬੰਧੀ ਹੈ।
49418	1151	ਆਦਿ ਜੁਗਾਦਿ ਭਗਤ ਗੁਣ ਗਾਇਣੁ॥੩॥		Aadh Jugaadh Bhagath Gun Gaaein ||3||	Since the beginning of time, and throughout the ages, His devotees sing His Glorious Praises. ||3||	ਜਗਤ ਦੇ ਸ਼ੁਰੂ ਤੋਂ ਜੁਗਾਂ ਦੇ ਸ਼ੁਰੂ ਤੋਂ ਭਗਤ (ਉਸ) ਪਰਮਾਤਮਾ ਦੇ ਗੁਣਾਂ ਦਾ ਗਾਇਨ ਕਰਦੇ ਆ ਰਹੇ ਹਨ ॥੩॥
49419	1151	ਤਿਸ ਕੀ ਧਰ ਪ੍ਰਭ ਕਾ ਮਨਿ ਜੋਰੁ॥		This Kee Dhhar Prabh Kaa Man Jor ||	My mind is filled with the Support and the Power of the Lord.	ਭਗਤ ਜਨਾਂ ਦੇ ਮਨ ਵਿਚ ਪਰਮਾਤਮਾ ਦਾ ਹੀ ਆਸਰਾ ਹੈ ਪਰਮਾਤਮਾ ਦਾ ਹੀ ਤਾਣ ਹੈ।
49420	1151	ਏਕ ਬਿਨਾ ਦੂਜਾ ਨਹੀ ਹੋਰੁ॥		Eaek Binaa Dhoojaa Nehee Hor ||	Without the Lord, there is no other at all.	ਉਹ ਇੱਕ (ਪਰਮਾਤਮਾ) ਤੋਂ ਬਿਨਾ ਹੋਰ ਕਿਸੇ ਦੂਜੇ ਦਾ ਆਸਰਾ ਨਹੀਂ ਤੱਕਦੇ।

49421	1151	ਨਾਨਕ ਕੈ ਮਨਿ ਇਹੁ ਪੁਰਖਾਰਥੁ॥	(ਪੁਰਖਾਰਥੁ) ਉੱਦਮ	Naanak Kai Man Eihu Purakhaarathh ||	Nanak's mind is encouraged by this hope,	ਨਾਨਕ ਦੇ ਮਨ ਵਿਚ (ਭੀ) ਇਹੀ ਹੌਸਲਾ ਹੈ,
49422	1151	ਪ੍ਰਭੂ ਹਮਾਰਾ ਸਾਰੇ ਸੁਆਰਥੁ॥੪॥੩੮॥ ੫੧॥		Prabhoo Hamaaraa Saarae Suaarathh ||4||38||51||	That God will accomplish my objectives in life. ||4||38||51||	ਕਿ ਪਰਮਾਤਮਾ ਸਾਡਾ ਹਰੇਕ ਕੰਮ ਸੁਆਰਦਾ ਹੈ ॥੪॥੩੮॥੫੧॥
49423	1151	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49424	1151	ਭੈ ਕਉ ਭਉ ਪੜਿਆ ਸਿਮਰਤ ਹਰਿ ਨਾਮ॥	ਪੜਿਆ: ਪੈ ਗਿਆ। ੜ: ਹਲੰਤ ਨ ਲਾਉ	Bhai Ko Bho Parriaa Simarath Har Naam ||	Fear itself becomes afraid, when the mortal remembers the Lord's Name in meditation.	ਪਰਮਾਤਮਾ ਦਾ ਨਾਮ ਸਿਮਰਦਿਆਂ ਡਰ ਨੂੰ ਭੀ ਡਰ ਪੈ ਜਾਂਦਾ ਹੈ (ਡਰ ਸਿਮਰਨ ਕਰਨ ਵਾਲੇ ਦੇ ਨੇੜੇ ਨਹੀਂ ਜਾਂਦਾ)।
49425	1151	ਸਗਲ ਬਿਆਧਿ ਮਿਟੀ ਤ੍ਰਿਹੁ ਗੁਣ ਕੀ ਦਾਸ ਕੇ ਹੋਏ ਪੂਰਨ ਕਾਮ॥੧॥ਰਹਾਉ॥	ਮਿਟੀ: ਪੋਲਾ ਬੋਲੋ	Sagal Biaadhh Mittee Thrihu Gun Kee Dhaas Kae Hoeae Pooran Kaam ||1|| Rehaao ||	All the diseases of the three gunas - the three qualities - are cured, and tasks of the Lord's slaves are perfectly accomplished. ||1||Pause||	ਮਾਇਆ ਦੇ ਤਿੰਨਾਂ ਹੀ ਗੁਣਾਂ ਤੋਂ ਪੈਦਾ ਹੋਣ ਵਾਲੀ ਹਰੇਕ ਬੀਮਾਰੀ (ਭਗਤ ਜਨ ਦੇ ਅੰਦਰੋਂ) ਦੂਰ ਹੋ ਜਾਂਦੀ ਹੈ। ਪ੍ਰਭੂ ਦੇ ਸੇਵਕ ਦੇ ਸਾਰੇ ਕੰਮ ਸਿਰੇ ਚੜ੍ਹਦੇ ਰਹਿੰਦੇ ਹਨ ॥੧॥ ਰਹਾਉ ॥

49426	1151	ਹਰਿ ਕੇ ਲੋਕ ਸਦਾ ਗੁਣ ਗਾਵਹਿ ਤਿਨ ਕਉ ਮਿਲਿਆ ਪੂਰਨ ਧਾਮ॥		Har Kae Lok Sadhaa Gun Gaavehi Thin Ko Miliaa Pooran Dhhaam ||	The people of the Lord always sing His Glorious Praises; they attain His Perfect Mansion.	ਪਰਮਾਤਮਾ ਦੇ ਭਗਤ ਸਦਾ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਉਹਨਾਂ ਨੂੰ ਸਰਬ-ਵਿਆਪਕ ਪ੍ਰਭੂ ਦੇ ਚਰਨਾਂ ਦਾ ਟਿਕਾਣਾ ਮਿਲਿਆ ਰਹਿੰਦਾ ਹੈ।
49427	1151	ਜਨ ਕਾ ਦਰਸੁ ਬਾਂਛੈ ਦਿਨ ਰਾਤੀ ਹੋਇ ਪੁਨੀਤ ਧਰਮਰਾਇ ਜਾਮ॥੧॥		Jan Kaa Dharas Baanshhai Dhin Raathee Hoe Puneeth Dhharam Raae Jaam ||1||	Even the Righteous Judge of Dharma and the Messenger of Death yearn, day and night, to be sanctified by the Blessed Vision of the Lord's humble servant. ||1||	ਧਰਮਰਾਜ ਜਮਰਾਜ ਭੀ ਦਿਨ ਰਾਤ ਪਰਮਾਤਮਾ ਦੇ ਭਗਤ ਦਾ ਦਰਸਨ ਕਰਨਾ ਲੋੜਦਾ ਹੈ (ਕਿਉਂਕਿ ਉਸ ਦਰਸਨ ਨਾਲ ਉਹ) ਪਵਿੱਤਰ ਹੋ ਸਕਦਾ ਹੈ ॥੧॥
49428	1151	ਕਾਮ ਕ੍ਰੋਧ ਲੋਭ ਮਦ ਨਿੰਦਾ ਸਾਧਸੰਗਿ ਮਿਟਿਆ ਅਭਿਮਾਨ॥		Kaam Krodhh Lobh Madh Nindhaa Saadhhasang Mittiaa Abhimaan ||	Sexual desire, anger, intoxication, egotism, slander and egotistical pride are eradicted in the Saadh Sangat, the Company of the Holy.	ਗੁਰਮੁਖਾਂ ਦੀ ਸੰਗਤ ਵਿਚ ਰਿਹਾਂ ਕਾਮ ਕ੍ਰੋਧ ਲੋਭ ਮੋਹ ਅਹੰਕਾਰ (ਹਰੇਕ ਵਿਕਾਰ ਮਨੁੱਖ ਦੇ ਅੰਦਰੋਂ) ਖ਼ਤਮ ਹੋ ਜਾਂਦਾ ਹੈ।

49429	1151	ਐਸੇ ਸੰਤ ਭੇਟਹਿ ਵਡਭਾਗੀ ਨਾਨਕ ਤਿਨ ਕੈ ਸਦ ਕੁਰਬਾਨ॥੨॥੩੯॥ ੫੨॥		Aisae Santh Bhaettehi Vaddabhaagee Naanak Thin Kai Sadh Kurabaan ||2||39||52||	By great good fortune, such Saints are met. Nanak is forever a sacrifice to them. ||2||39||52||	ਪਰ ਇਹੋ ਜਿਹੇ ਸੰਤ ਜਨ ਵੱਡੇ ਭਾਗਾਂ ਨਾਲ ਹੀ ਮਿਲਦੇ ਹਨ। ਹੇ ਨਾਨਕ! ਮੈਂ ਉਹਨਾਂ ਸੰਤ ਜਨਾਂ ਤੋਂ ਸਦਾ ਸਦਕੇ ਜਾਂਦਾ ਹਾਂ ॥੨॥੩੯॥੫੨॥
49430	1151	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49431	1151	ਪੰਚ ਮਜਮੀ ਜੋ ਪੰਚ ਨ ਰਾਖੈ॥	ਪੰਜਾਂ ਵਿਕਾਰਾਂ ਦਾ (ਮਜਮੀ) ਗ਼ੁਲਾਮ। ਮੱਜਮੀ	Panch Majamee Jo Panchan Raakhai ||	One who harbors the five thieves, becomes the embodiment of these five.	ਉਹ ਮਨੁੱਖ (ਅਸਲ ਵਿਚ ਕਾਮਾਦਿਕ) ਪੰਜ ਪੀਰਾਂ ਦਾ ਉਪਾਸਕ ਹੁੰਦਾ ਹੈ ਕਿਉਂਕਿ ਉਹ ਇਹਨਾਂ ਪੰਜਾਂ ਨੂੰ (ਆਪਣੇ ਹਿਰਦੇ ਵਿਚ) ਸਾਂਭੀ ਰੱਖਦਾ ਹੈ,
49432	1151	ਮਿਥਿਆ ਰਸਨਾ ਨਿਤ ਉਠਿ ਭਾਖੈ॥		Mithhiaa Rasanaa Nith Outh Bhaakhai ||	He gets up each day and tells lies.	ਤੇ ਸਦਾ ਗਿਣ-ਮਿਥ ਕੇ ਆਪਣੀ ਜੀਭ ਨਾਲ ਝੂਠ ਬੋਲਦਾ ਰਹਿੰਦਾ ਹੈ
49433	1151	ਚਕ੍ਰ ਬਣਾਇ ਕਰੈ ਪਾਖੰਡ॥		Chakr Banaae Karai Paakhandd ||	He applies ceremonial religious marks to his body, but practices hypocrisy.	(ਨਾਮ-ਸਿਮਰਨ ਛੱਡ ਕੇ ਜਿਹੜਾ ਮਨੁੱਖ ਆਪਣੇ ਸਰੀਰ ਉੱਤੇ) ਗਣੇਸ਼ ਆਦਿਕ ਦਾ ਨਿਸ਼ਾਨ ਬਣਾ ਕੇ ਆਪਣੇ ਧਰਮੀ ਹੋਣ ਦਾ ਵਿਖਾਵਾ ਕਰਦਾ ਹੈ,

49434	1151	ਝੁਰਿ ਝੁਰਿ ਪਚੈ ਜੈਸੇ ਤ੍ਰਿਅ ਰੰਡ॥੧॥		Jhur Jhur Pachai Jaisae Thria Randd ||1||	He wastes away in sadness and pain, like a lonely widow. ||1||	ਉਹ (ਅਸਲ ਵਿਚ) ਅੰਦਰੇ ਅੰਦਰ ਮਾਇਆ ਦੀ ਖ਼ਾਤਰ ਤਰਲੈ ਲੈ ਲੈ ਕੇ ਸੜਦਾ ਰਹਿੰਦਾ ਹੈ, ਜਿਵੇਂ ਵਿਧਵਾ ਇਸਤ੍ਰੀ (ਪਤੀ ਤੋਂ ਬਿਨਾ ਸਦਾ ਦੁਖੀ ਰਹਿੰਦੀ ਹੈ) ॥੧॥
49435	1151	ਹਰਿ ਕੇ ਨਾਮ ਬਿਨਾ ਸਭ ਝੂਠੁ॥		Har Kae Naam Binaa Sabh Jhooth ||	Without the Name of the Lord, everything is false.	ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ (ਹੋਰ) ਸਾਰੀ (ਵਿਖਾਵੇ ਵਾਲੀ ਧਾਰਮਿਕ ਕ੍ਰਿਆ) ਝੂਠਾ ਉੱਦਮ ਹੈ।
49436	1151	ਬਿਨੁ ਗੁਰ ਪੂਰੇ ਮੁਕਤਿ ਨ ਪਾਈਐ ਸਾਚੀ ਦਰਗਹਿ ਸਾਕਤ ਮੂਠੁ॥੧॥ਰਹਾਉ॥		Bin Gur Poorae Mukath N Paaeeai Saachee Dharagehi Saakath Mooth ||1|| Rehaao ||	Without the Perfect Guru, liberation is not obtained. In the Court of the True Lord, the faithless cynic is plundered. ||1||Pause||	ਪੂਰੇ ਗੁਰੂ ਦੀ ਸਰਣ ਪੈਣ ਤੋਂ ਬਿਨਾ ਵਿਕਾਰਾਂ ਤੋਂ ਖ਼ਲਾਸੀ ਨਹੀਂ ਮਿਲਦੀ। ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਹਜ਼ੂਰੀ ਵਿਚ ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖਾਂ ਦਾ ਠੱਗੀ ਦਾ ਪਾਜ ਚੱਲ ਨਹੀਂ ਸਕਦਾ ॥੧॥ ਰਹਾਉ ॥
49437	1151	ਸੋਈ ਕੁਚੀਲੁ ਕੁਦਰਤਿ ਨਹੀ ਜਾਨੈ॥		Soee Kucheel Kudharath Nehee Jaanai ||	One who does not know the Lord's Creative Power is polluted.	ਅਸਲ ਵਿਚ ਉਹੀ ਮਨੁੱਖ ਗੰਦੀ ਰਹਿਣੀ ਵਾਲਾ ਹੈ ਜਿਹੜਾ ਇਸ ਸਾਰੀ ਰਚਨਾ ਵਿਚ (ਇਸ ਦੇ ਕਰਤਾਰ ਸਿਰਜਣਹਾਰ ਨੂੰ ਵੱਸਦਾ) ਨਹੀਂ ਪਛਾਣ ਸਕਦਾ।

49438	1151	ਲੀਪਿਐ ਥਾਇ ਨ ਸੁਚਿ ਹਰਿ ਮਾਨੈ॥		Leepiai Thhaae N Such Har Maanai ||	Ritualistically plastering one's kitchen square does not make it pure in the Eyes of the Lord.	ਜੇ ਬਾਹਰਲਾ ਚੌਕਾ ਲਿਪਿਆ ਜਾਏ (ਤਾਂ ਉਸ ਬਾਹਰਲੀ ਸੁੱਚ ਨੂੰ) ਪਰਮਾਤਮਾ ਸੁੱਚ ਨਹੀਂ ਸਮਝਦਾ।
49439	1151	ਅੰਤਰੁ ਮੈਲਾ ਬਾਹਰੁ ਨਿਤ ਧੋਵੈ॥		Anthar Mailaa Baahar Nith Dhhovai ||	If a person is polluted within, he may wash himself everyday on the outside,	ਜਿਸ ਮਨੁੱਖ ਦਾ ਹਿਰਦਾ ਤਾਂ ਵਿਕਾਰਾਂ ਨਾਲ ਗੰਦਾ ਹੋਇਆ ਪਿਆ ਹੈ, ਪਰ ਉਹ ਆਪਣੇ ਸਰੀਰ ਨੂੰ (ਸੁੱਚ ਦੀ ਖ਼ਾਤਰ) ਸਦਾ ਧੋਂਦਾ ਰਹਿੰਦਾ ਹੈ,
49440	1151	ਸਾਚੀ ਦਰਗਹਿ ਅਪਨੀ ਪਤਿ ਖੋਵੈ ॥੨॥		Saachee Dharagehi Apanee Path Khovai ||2||	But in the Court of the True Lord, he forfeits his honor. ||2||	ਉਹ ਮਨੁੱਖ ਸਦਾ-ਥਿਰ ਪ੍ਰਭੂ ਦੀ ਹਜ਼ੂਰੀ ਵਿਚ ਆਪਣੀ ਇੱਜ਼ਤ ਗਵਾ ਲੈਂਦਾ ਹੈ ॥੨॥
49441	1151	ਮਾਇਆ ਕਾਰਣਿ ਕਰੈ ਉਪਾਉ॥		Maaeiaa Kaaran Karai Oupaao ||	He works for the sake of Maya,	(ਆਪਣੇ ਧਰਮੀ ਹੋਣ ਦਾ ਵਿਖਾਵਾ ਕਰਨ ਵਾਲਾ ਮਨੁੱਖ ਅੰਦਰੋਂ) ਮਾਇਆ ਇਕੱਠੀ ਕਰਨ ਦੀ ਖ਼ਾਤਰ (ਭੇਖ ਤੇ ਸੁੱਚ ਆਦਿਕ ਦਾ) ਹੀਲਾ ਕਰਦਾ ਹੈ,
49442	1151	ਕਬਹਿ ਨ ਘਾਲੈ ਸੀਧਾ ਪਾਉ॥		Kabehi N Ghaalai Seedhhaa Paao ||	But he never places his feet on the right path.	ਪਰ (ਪਵਿੱਤਰ ਜੀਵਨ ਵਾਲੇ ਰਸਤੇ ਉਤੇ) ਕਦੇ ਭੀ ਸਿੱਧਾ ਪੈਰ ਨਹੀਂ ਧਰਦਾ।
49443	1151	ਜਿਨਿ ਕੀਆ ਤਿਸੁ ਚੀਤਿ ਨ ਆਣੈ॥		Jin Keeaa This Cheeth N Aanai ||	He never even remembers the One who created him.	ਜਿਸ ਪਰਮਾਤਮਾ ਨੇ ਪੈਦਾ ਕੀਤਾ ਹੈ, ਉਸ ਨੂੰ ਆਪਣੇ ਚਿੱਤ ਵਿਚ ਨਹੀਂ ਵਸਾਂਦਾ।

49444	1151	ਕੂੜੀ ਕੂੜੀ ਮੁਖਹੁ ਵਖਾਣੈ॥੩॥		Koorree Koorree Mukhahu Vakhaanai ||3||	He speaks falsehood, only falsehood, with his mouth. ||3||	(ਹਾਂ) ਝੂਠ-ਮੂਠ (ਲੋਕਾਂ ਨੂੰ ਠੱਗਣ ਲਈ ਆਪਣੇ) ਮੂੰਹੋਂ (ਰਾਮ ਰਾਮ) ਉਚਾਰਦਾ ਰਹਿੰਦਾ ਹੈ ॥੩॥
49445	1151	ਜਿਸ ਨੋ ਕਰਮੁ ਕਰੇ ਕਰਤਾਰੁ॥		Jis No Karam Karae Karathaar ||	That person, unto whom the Creator Lord shows Mercy,	ਜਿਸ ਮਨੁੱਖ ਉੱਤੇ ਕਰਤਾਰ-ਸਿਰਜਣਹਾਰ ਮਿਹਰ ਕਰਦਾ ਹੈ,
49446	1151	ਸਾਧਸੰਗਿ ਹੋਇ ਤਿਸੁ ਬਿਉਹਾਰੁ॥		Saadhhasang Hoe This Biouhaar ||	Deals with the Saadh Sangat, the Company of the Holy.	ਸਾਧ ਸੰਗਤ ਵਿਚ ਉਸ ਮਨੁੱਖ ਦਾ ਬਹਿਣ-ਖਲੋਣ ਹੋ ਜਾਂਦਾ ਹੈ,
49447	1151	ਹਰਿ ਨਾਮ ਭਗਤਿ ਸਿਉ ਲਾਗਾ ਰੰਗੁ॥		Har Naam Bhagath Sio Laagaa Rang ||	One who lovingly worships the Lord's Name,	ਪਰਮਾਤਮਾ ਦੇ ਨਾਮ ਨਾਲ ਪਰਮਾਤਮਾ ਦੀ ਭਗਤੀ ਨਾਲ ਉਸ ਦਾ ਪ੍ਰੇਮ ਬਣ ਜਾਂਦਾ ਹੈ।
49448	1151	ਕਹੁ ਨਾਨਕ ਤਿਸੁ ਜਨ ਨਹੀ ਭੰਗੁ॥੪॥੪੦॥੫੩॥		Kahu Naanak This Jan Nehee Bhang ||4||40||53||	Says Nanak - no obstacles ever block his way. ||4||40||53||	ਹੇ ਨਾਨਕ! ਉਹ ਮਨੁੱਖ ਨੂੰ (ਆਤਮਕ ਅਨੰਦ ਵਿਚ ਕਦੇ) ਤੋਟ ਨਹੀਂ ਆਉਂਦੀ ॥੪॥੪੦॥੫੩॥
49449	1151	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49450	1151	ਨਿੰਦਕ ਕਉ ਫਿਟਕੇ ਸੰਸਾਰੁ॥		Nindhak Ko Fittakae Sansaar ||	The entire universe curses the slanderer.	ਸੰਤ ਜਨਾਂ ਉਤੇ ਤੁਹਮਤਾਂ ਲਾਣ ਵਾਲੇ ਮਨੁੱਖ ਨੂੰ ਸਾਰਾ ਜਗਤ ਫਿਟਕਾਰਾਂ ਪਾਂਦਾ ਹੈ,
49451	1151	ਨਿੰਦਕ ਕਾ ਝੂਠਾ ਬਿਉਹਾਰੁ॥		Nindhak Kaa Jhoothaa Biouhaar ||	False are the dealings of the slanderer.	(ਕਿਉਂਕਿ ਜਗਤ ਜਾਣਦਾ ਹੈ ਕਿ) ਤੁਹਮਤਾਂ ਲਾਣ ਦਾ ਇਹ ਕਸਬ ਝੂਠਾ ਹੈ।

49452	1151	ਨਿੰਦਕ ਕਾ ਮੈਲਾ ਆਚਾਰੁ॥		Nindhak Kaa Mailaa Aachaar ||	The slanderer's lifestyle is filthy and polluted.	(ਤੁਹਮਤਾਂ ਲਾ ਲਾ ਕੇ) ਤੁਹਮਤਾਂ ਲਾਣ ਵਾਲੇ ਦਾ ਆਪਣਾ ਆਚਰਨ ਹੀ ਗੰਦਾ ਹੋ ਜਾਂਦਾ ਹੈ।
49453	1151	ਦਾਸ ਅਪੁਨੇ ਕਉ ਰਾਖਨਹਾਰੁ॥੧॥		Dhaas Apunae Ko Raakhanehaar ||1||	The Lord is the Saving Grace and the Protector of His slave. ||1||	ਪਰ ਪਰਮਾਤਮਾ ਆਪਣੇ ਸੇਵਕ ਨੂੰ (ਵਿਕਾਰਾਂ ਵਿਚ ਡਿੱਗਣ ਤੋਂ) ਆਪ ਬਚਾਈ ਰੱਖਦਾ ਹੈ ॥੧॥
49454	1151	ਨਿੰਦਕੁ ਮੁਆ ਨਿੰਦਕ ਕੈ ਨਾਲਿ॥		Nindhak Muaa Nindhak Kai Naal ||	The slanderer dies with the rest of the slanderers.	(ਸੰਤ ਜਨਾਂ ਉਤੇ) ਤੁਹਮਤਾਂ ਲਾਣ ਵਾਲਾ ਮਨੁੱਖ ਤੁਹਮਤਾਂ ਲਾਣ ਵਾਲੇ ਦੀ ਸੁਹਬਤ ਵਿਚ ਰਹਿ ਕੇ ਆਤਮਕ ਮੌਤ ਸਹੇੜ ਲੈਂਦਾ ਹੈ।
49455	1151	ਪਾਰਬ੍ਰਹਮ ਪਰਮੇਸਰਿ ਜਨ ਰਾਖੇ ਨਿੰਦਕ ਕੈ ਸਿਰਿ ਕੜਕਿਓ ਕਾਲੁ॥੧॥ਰਹਾਉ॥	ਕੜ-ਕਿਓ	Paarabreham Paramaesar Jan Raakhae Nindhak Kai Sir Karrakiou Kaal ||1|| Rehaao ||	The Supreme Lord God, the Transcendent Lord, protects and saves His humble servant. Death roars and thunders over the head of the slanderer. ||1||Pause||	ਪ੍ਰਭੂ-ਪਰਮੇਸਰ ਨੇ (ਵਿਕਾਰਾਂ ਵਿਚ ਡਿੱਗਣ ਵਲੋਂ ਸਦਾ ਹੀ ਆਪਣੇ) ਸੇਵਕਾਂ ਦੀ ਰੱਖਿਆ ਕੀਤੀ ਹੈ, ਪਰ ਉਹਨਾਂ ਉਤੇ ਤੁਹਮਤਾਂ ਲਾਣ ਵਾਲਿਆਂ ਦੇ ਸਿਰ ਉੱਤੇ ਆਤਮਕ ਮੌਤ (ਸਦਾ) ਗੱਜਦੀ ਰਹਿੰਦੀ ਹੈ ॥੧॥ ਰਹਾਉ ॥
49456	1152	ਨਿੰਦਕ ਕਾ ਕਹਿਆ ਕੋਇ ਨ ਮਾਨੈ॥		Nindhak Kaa Kehiaa Koe N Maanai ||	No one belives what the slanderer says.	ਸੰਤ ਜਨਾਂ ਉਤੇ ਤੁਹਮਤਾਂ ਲਾਣ ਵਾਲਿਆਂ ਦੀ ਗੱਲ ਨੂੰ ਕੋਈ ਭੀ ਮਨੁੱਖ ਸੱਚ ਨਹੀਂ ਮੰਨਦਾ,

49457	1152	ਨਿੰਦਕ ਝੂਠ ਬੋਲਿ ਪਛੁਤਾਨੇ॥		Nindhak Jhooth Bol Pashhuthaanae ||	The slanderer tells lies, and later regrets and repents.	ਤੁਹਮਤਾਂ ਲਾਣ ਵਾਲੇ ਝੂਠ ਬੋਲ ਕੇ (ਫਿਰ) ਅਫ਼ਸੋਸ ਹੀ ਕਰਦੇ ਹਨ,
49458	1152	ਹਾਥ ਪਛੋਰਹਿ ਸਿਰੁ ਧਰਨਿ ਲਗਾਹਿ॥		Haathh Pashhorehi Sir Dhharan Lagaahi ||	He wrings his hands, and hits his head against the ground.	(ਨਸ਼ਰ ਹੋਣ ਤੇ ਨਿੰਦਕ) ਹੱਥ ਮੱਥੇ ਉਤੇ ਮਾਰਦੇ ਹਨ ਤੇ ਆਪਣਾ ਸਿਰ ਧਰਤੀ ਨਾਲ ਪਟਕਾਂਦੇ ਹਨ (ਭਾਵ, ਬਹੁਤ ਹੀ ਸ਼ਰਮਿੰਦੇ ਹੁੰਦੇ ਹਨ)।
49459	1152	ਨਿੰਦਕ ਕਉ ਦਈ ਛੋਡੈ ਨਾਹਿ॥੨॥		Nindhak Ko Dhee Shhoddai Naahi ||2||	The Lord does not forgive the slanderer. ||2||	(ਪਰ ਊਜਾਂ ਲਾਣ ਦੀ ਵਾਦੀ ਵਿਚ ਦੋਖੀ ਮਨੁੱਖ ਅਜਿਹਾ ਫਸਦਾ ਹੈ ਕਿ) ਪਰਮਾਤਮਾ ਉਸ ਦੋਖੀ ਨੂੰ (ਉਸ ਦੇ ਆਪਣੇ ਤਣੇ ਨਿੰਦਾ ਦੇ ਜਾਲ ਵਿਚੋਂ) ਛੁਟਕਾਰਾ ਨਹੀਂ ਦੇਂਦਾ ॥੨॥
49460	1152	ਹਰਿ ਕਾ ਦਾਸੁ ਕਿਛੁ ਬੁਰਾ ਨ ਮਾਗੈ॥		Har Kaa Dhaas Kishh Buraa N Maagai ||	The Lord's slave does not wish anyone ill.	ਪਰਮਾਤਮਾ ਦਾ ਭਗਤ (ਉਸ ਦੋਖੀ ਦਾ ਭੀ) ਰਤਾ ਭਰ ਭੀ ਬੁਰਾ ਨਹੀਂ ਮੰਗਦਾ (ਇਹ ਨਹੀਂ ਚਾਹੁੰਦਾ ਕਿ ਉਸ ਦਾ ਕੋਈ ਨੁਕਸਾਨ ਹੋਵੇ।
49461	1152	ਨਿੰਦਕ ਕਉ ਲਾਗੈ ਦੁਖ ਸਾਂਗੈ॥		Nindhak Ko Laagai Dhukh Saangai ||	The slanderer suffers, as if stabbed by a spear.	ਫਿਰ ਭੀ) ਦੋਖੀ ਨੂੰ (ਆਪਣੀ ਹੀ ਕਰਤੂਤ ਦਾ ਅਜਿਹਾ) ਦੁੱਖ ਅੱਪੜਦਾ ਹੈ (ਜਿਵੇਂ) ਬਰਛੀ (ਲੱਗਣ) ਦਾ (ਦੁੱਖ ਹੁੰਦਾ ਹੈ)।
49462	1152	ਬਗੁਲੇ ਜਿਉ ਰਹਿਆ ਪੰਖ ਪਸਾਰਿ॥		Bagulae Jio Rehiaa Pankh Pasaar ||	Like a crane, he spreads his feathers, to look like a swan.	ਸੰਤ ਜਨਾਂ ਉਤੇ ਊਜਾਂ ਲਾਣ ਵਾਲਾ ਮਨੁੱਖ ਆਪ ਬਗਲੇ ਵਾਂਗ ਖੰਡ ਖਿਲਾਰੀ ਰੱਖਦਾ ਹੈ (ਆਪਣੇ ਆਪ ਨੂੰ ਚੰਗੇ ਜੀਵਨ ਵਾਲਾ ਪਰਗਟ ਕਰਦਾ ਹੈ,

49463	1152	ਮੁਖ ਤੇ ਬੋਲਿਆ ਤਾਂ ਕਢਿਆ ਬੀਚਾਰਿ॥੩॥		Mukh Thae Boliaa Thaan Kadtiaa Beechaar ||3||	When he speaks with his mouth, then he is exposed and driven out. ||3||	ਪਰ ਜਦੋਂ ਹੀ ਉਹ) ਮੂਹੋਂ (ਤੁਹਮਤਾਂ ਦੇ) ਬਚਨ ਬੋਲਦਾ ਹੈ ਤਦੋਂ ਉਹ (ਝੂਠਾ ਦੋਖੀ) ਮਿਥਿਆ ਜਾ ਕੇ (ਲੋਕਾਂ ਵਲੋਂ) ਦੁਰਕਾਰਿਆ ਜਾਂਦਾ ਹੈ ॥੩॥
49464	1152	ਅੰਤਰਜਾਮੀ ਕਰਤਾ ਸੋਇ॥		Antharajaamee Karathaa Soe ||	The Creator is the Inner-knower, the Searcher of hearts.	ਉਹ ਕਰਤਾਰ ਆਪ ਹੀ ਹਰੇਕ ਦੇ ਦਿਲ ਦੀ ਜਾਣਦਾ ਹੈ।
49465	1152	ਹਰਿ ਜਨੁ ਕਰੈ ਸੁ ਨਿਹਚਲੁ ਹੋਇ॥		Har Jan Karai S Nihachal Hoe ||	That person, whom the Lord makes His Own, becomes stable and steady.	ਉਸ ਦਾ ਸੇਵਕ ਜੋ ਕੁਝ ਕਰਦਾ ਹੈ ਉਹ ਪੱਥਰ ਦੀ ਲਕੀਰ ਹੁੰਦਾ ਹੈ (ਉਸ ਵਿਚ ਰਤਾ ਭਰ ਝੂਠ ਨਹੀਂ ਹੁੰਦਾ, ਉਹ ਕਿਸੇ ਦੀ ਬੁਰਾਈ ਵਾਸਤੇ ਨਹੀਂ ਹੁੰਦਾ)।
49466	1152	ਹਰਿ ਕਾ ਦਾਸੁ ਸਾਚਾ ਦਰਬਾਰਿ॥		Har Kaa Dhaas Saachaa Dharabaar ||	The Lord's slave is true in the Court of the Lord.	ਪਰਮਾਤਮਾ ਦਾ ਸੇਵਕ ਪਰਮਾਤਮਾ ਦੀ ਹਜ਼ੂਰੀ ਵਿਚ ਸੁਰਖ਼ਰੂ ਹੁੰਦਾ ਹੈ,
49467	1152	ਜਨ ਨਾਨਕ ਕਹਿਆ ਤਤੁ ਬੀਚਾਰਿ॥੪॥੪੧॥੫੪॥		Jan Naanak Kehiaa Thath Beechaar ||4||41||54||	Servant Nanak speaks, after contemplating the essence of reality. ||4||41||54||	ਹੇ ਨਾਨਕ! ਪ੍ਰਭੂ ਦੇ ਸੇਵਕਾਂ ਨੇ ਵਿਚਾਰ ਕੇ ਇਹ ਤੱਤ ਕਹਿ ਦਿੱਤਾ ਹੈ ॥੪॥੪੧॥੫੪॥
49468	1152	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49469	1152	ਦੁਇ ਕਰ ਜੋਰਿ ਕਰਉ ਅਰਦਾਸਿ॥		Dhue Kar Jor Karo Aradhaas ||	With my palms pressed together, I offer this prayer.	(ਗੁਰੂ ਦੀ ਸਰਨ ਦੀ ਬਰਕਤਿ ਨਾਲ) ਮੈਂ ਦੋਵੇਂ ਹੱਥ ਜੋੜ ਕੇ (ਪ੍ਰਭੂ ਦੇ ਦਰ ਤੇ) ਅਰਜ਼ੋਈ ਕਰਦਾ ਰਹਿੰਦਾ ਹਾਂ।

49470	1152	ਜੀਉ ਪਿੰਡੁ ਧਨੁ ਤਿਸ ਕੀ ਰਾਸਿ॥		Jeeo Pindd Dhhan This Kee Raas ||	My soul, body and wealth are His property.	ਮੇਰੀ ਇਹ ਜਿੰਦ, ਮੇਰਾ ਇਹ ਸਰੀਰ ਇਹ ਧਨ-ਸਭ ਕੁਝ ਉਸ ਪਰਮਾਤਮਾ ਦੀ ਬਖ਼ਸ਼ੀ ਪੂੰਜੀ ਹੈ।
49471	1152	ਸੋਈ ਮੇਰਾ ਸੁਆਮੀ ਕਰਨੈਹਾਰੁ॥		Soee Maeraa Suaamee Karanaihaar ||	He is the Creator, my Lord and Master.	ਮੇਰਾ ਉਹ ਮਾਲਕ ਆਪ ਹੀ ਸਭ ਕੁਝ ਕਰਨ ਦੇ ਸਮਰੱਥ ਹੈ।
49472	1152	ਕੋਟਿ ਬਾਰ ਜਾਈ ਬਲਿਹਾਰ॥੧॥		Kott Baar Jaaee Balihaar ||1||	Millions of times, I am a sacrifice to Him. ||1||	ਮੈਂ ਕ੍ਰੋੜਾਂ ਵਾਰੀ ਉਸ ਤੋਂ ਸਦਕੇ ਜਾਂਦਾ ਹਾਂ ॥੧॥
49473	1152	ਸਾਧੂ ਧੂਰਿ ਪੁਨੀਤ ਕਰੀ॥		Saadhhoo Dhhoor Puneeth Karee ||	The dust of the feet of the Holy brings purity.	ਗੁਰੂ ਦੀ ਚਰਨ-ਧੂੜ (ਮਨੁੱਖ ਦੇ ਜੀਵਨ ਨੂੰ) ਪਵਿੱਤਰ ਕਰ ਦੇਂਦੀ ਹੈ,
49474	1152	ਮਨ ਕੇ ਬਿਕਾਰ ਮਿਟਹਿ ਪ੍ਰਭ ਸਿਮਰਤ ਜਨਮ ਜਨਮ ਕੀ ਮੈਲੁ ਹਰੀ॥੧॥ਰਹਾਉ॥		Man Kae Bikaar Mittehi Prabh Simarath Janam Janam Kee Mail Haree ||1|| Rehaao ||	Remembering God in meditation, the mind's corruption is eradicated, and the filth of countless incarnations is washed away. ||1||Pause||	(ਗੁਰੂ ਦੀ ਸਰਨ ਪੈ ਕੇ) ਪ੍ਰਭੂ ਦਾ ਨਾਮ ਸਿਮਰਦਿਆਂ (ਮਨੁੱਖ ਦੇ) ਮਨ ਦੇ ਵਿਕਾਰ ਦੂਰ ਹੋ ਜਾਂਦੇ ਹਨ, ਅਨੇਕਾਂ ਜਨਮਾਂ (ਕੇ ਕੀਤੇ ਕੁਕਰਮਾਂ) ਦੀ ਮੈਲ ਲਹਿ ਜਾਂਦੀ ਹੈ ॥੧॥ ਰਹਾਉ ॥
49475	1152	ਜਾ ਕੈ ਗ੍ਰਿਹ ਮਹਿ ਸਗਲ ਨਿਧਾਨ॥		Jaa Kai Grih Mehi Sagal Nidhhaan ||	All treasures are in His household.	(ਗੁਰੂ ਦੀ ਸਰਨ ਪਿਆਂ ਇਹ ਸਮਝ ਆਉਂਦੀ ਹੈ ਕਿ) ਜਿਸ ਪਰਮਾਤਮਾ ਦੇ ਘਰ ਵਿਚ ਸਾਰੇ ਖ਼ਜ਼ਾਨੇ ਹਨ,
49476	1152	ਜਾ ਕੀ ਸੇਵਾ ਪਾਈਐ ਮਾਨੁ॥		Jaa Kee Saevaa Paaeeai Maan ||	Serving Him, the mortal attains honor.	ਜਿਸ ਦੀ ਸੇਵਾ-ਭਗਤੀ ਕੀਤਿਆਂ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ,

49477	1152	ਸਗਲ ਮਨੋਰਥ ਪੂਰਨਹਾਰ॥		Sagal Manorathh Pooranehaar ||	He is the Fulfiller of the mind's desires.	ਉਹ ਪਰਮਾਤਮਾ (ਜੀਵਾਂ ਦੀਆਂ) ਸਾਰੀਆਂ ਲੋੜਾਂ ਪੂਰੀਆਂ ਕਰ ਸਕਣ ਵਾਲਾ ਹੈ,
49478	1152	ਜੀਅ ਪ੍ਰਾਨ ਭਗਤਨ ਆਧਾਰ॥੨॥		Jeea Praan Bhagathan Aadhhaar ||2||	He is the Support of the soul and the breath of life of His devotees. ||2||	ਉਹ ਆਪਣੇ ਭਗਤਾਂ ਦੀ ਜਿੰਦ ਦਾ ਪ੍ਰਾਣਾਂ ਦਾ ਸਹਾਰਾ ਹੈ ॥੨॥
49479	1152	ਘਟਿ ਘਟਿ ਅੰਤਰਿ ਸਗਲ ਪ੍ਰਗਾਸ॥		Ghatt Ghatt Anthar Sagal Pragaas ||	His Light shines in each and every heart.	(ਗੁਰੂ ਦੀ ਸਰਨ ਪਿਆਂ ਹੀ ਇਹ ਸੂਝ ਪੈਂਦੀ ਹੈ ਕਿ) ਪਰਮਾਤਮਾ ਹਰੇਕ ਸਰੀਰ ਵਿਚ ਵੱਸ ਰਿਹਾ ਹੈ, ਸਭ ਜੀਵਾਂ ਦੇ ਅੰਦਰ (ਆਪਣੀ ਜੋਤਿ ਦਾ) ਚਾਨਣ ਕਰਦਾ ਹੈ।
49480	1152	ਜਪਿ ਜਪਿ ਜੀਵਹਿ ਭਗਤ ਗੁਣਤਾਸ॥		Jap Jap Jeevehi Bhagath Gunathaas ||	Chanting and meditating on God, the Treasure of Virtue, His devotees live.	ਉਸ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦਾ ਨਾਮ ਜਪ ਜਪ ਕੇ ਉਸ ਦੇ ਭਗਤ ਆਤਮਕ ਜੀਵਨ ਹਾਸਲ ਕਰਦੇ ਹਨ।
49481	1152	ਜਾ ਕੀ ਸੇਵ ਨ ਬਿਰਥੀ ਜਾਇ॥		Jaa Kee Saev N Birathhee Jaae ||	Service to Him does not go in vain.	ਜਿਸ ਪ੍ਰਭੂ ਦੀ ਕੀਤੀ ਭਗਤੀ ਵਿਅਰਥ ਨਹੀਂ ਜਾਂਦੀ,
49482	1152	ਮਨ ਤਨ ਅੰਤਰਿ ਏਕੁ ਧਿਆਇ॥੩॥		Man Than Anthar Eaek Dhhiaae ||3||	Deep within your mind and body, meditate on the One Lord. ||3||	ਤੂੰ ਆਪਣੇ ਮਨ ਵਿਚ ਆਪਣੇ ਤਨ ਵਿਚ ਉਸ ਇੱਕ ਦਾ ਨਾਮ ਸਿਮਰਿਆ ਕਰ ॥੩॥

49483	1152	ਗੁਰ ਉਪਦੇਸਿ ਦਇਆ ਸੰਤੋਖੁ॥		Gur Oupadhaes Dhaeiaa Santhokh ||	Following the Guru's Teachings, compassion and contentment are found.	ਗੁਰੂ ਦੀ ਸਿੱਖਿਆ ਉੱਤੇ ਤੁਰਿਆਂ (ਮਨੁੱਖ ਦੇ ਹਿਰਦੇ ਵਿਚ) ਦਇਆ ਪੈਦਾ ਹੁੰਦੀ ਹੈ ਸੰਤੋਖ ਪੈਦਾ ਹੁੰਦਾ ਹੈ,
49484	1152	ਨਾਮੁ ਨਿਧਾਨੁ ਨਿਰਮਲੁ ਇਹੁ ਥੋਕੁ॥		Naam Nidhhaan Niramal Eihu Thhok ||	This Treasure of the Naam, the Name of the Lord, is the immaculate object.	ਨਾਮ-ਖ਼ਜ਼ਾਨਾ ਪਰਗਟ ਹੋ ਜਾਂਦਾ ਹੈ, ਇਹ (ਨਾਮ-ਖ਼ਜ਼ਾਨਾ ਅਜਿਹਾ) ਪਦਾਰਥ ਹੈ ਕਿ ਇਹ ਜੀਵਨ ਨੂੰ ਪਵਿੱਤਰ ਕਰ ਦੇਂਦਾ ਹੈ।
49485	1152	ਕਰਿ ਕਿਰਪਾ ਲੀਜੈ ਲੜਿ ਲਾਇ॥		Kar Kirapaa Leejai Larr Laae ||	Please grant Your Grace, O Lord, and attach me to the hem of Your robe.	(ਹੇ ਪ੍ਰਭੂ!) ਮਿਹਰ ਕਰ ਕੇ (ਮੈਨੂੰ ਨਾਨਕ ਨੂੰ ਆਪਣੇ) ਪੱਲੇ ਲਾਈ ਰੱਖ।
49486	1152	ਚਰਨਕਮਲ ਨਾਨਕ ਨਿਤ ਧਿਆਇ॥੪॥੪੨॥ ੫੫॥		Charan Kamal Naanak Nith Dhhiaae ||4||42||55||	Nanak meditates continually on the Lord's Lotus Feet. ||4||42||55||	(ਮੈਂ) ਨਾਨਕ ਤੇਰੇ ਸੋਹਣੇ ਚਰਨਾਂ ਦਾ ਸਦਾ ਧਿਆਨ ਧਰਦਾ ਰਹਾਂ ॥੪॥੪੨॥੫੫॥
49487	1152	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49488	1152	ਸਤਿਗੁਰ ਅਪੁਨੇ ਸੁਨੀ ਅਰਦਾਸਿ॥		Sathigur Apunae Sunee Aradhaas ||	The True Guru has listened to my prayer.	ਪਿਆਰੇ ਗੁਰੂ ਨੇ (ਜਿਸ ਮਨੁੱਖ ਦੀ) ਬੇਨਤੀ ਸੁਣ ਲਈ,
49489	1152	ਕਾਰਜੁ ਆਇਆ ਸਗਲਾ ਰਾਸਿ॥		Kaaraj Aaeiaa Sagalaa Raas ||	All my affairs have been resolved.	ਉਸ ਦਾ (ਹਰੇਕ) ਕੰਮ ਮੁਕੰਮਲ ਤੌਰ ਤੇ ਸਿਰੇ ਚੜ੍ਹ ਜਾਂਦਾ ਹੈ।

49490	1152	ਮਨ ਤਨ ਅੰਤਰਿ ਪ੍ਰਭੂ ਧਿਆਇਆ॥		Man Than Anthar Prabhoo Dhhiaaeiaa ||	Deep within my mind and body, I meditate on God.	ਉਹ ਮਨੁੱਖ ਆਪਣੇ ਮਨ ਵਿਚ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਧਿਆਨ ਧਰਦਾ ਰਹਿੰਦਾ ਹੈ।
49491	1152	ਗੁਰ ਪੂਰੇ ਡਰੁ ਸਗਲ ਚੁਕਾਇਆ॥੧॥		Gur Poorae Ddar Sagal Chukaaeiaa ||1||	The Perfect Guru has dispelled all my fears. ||1||	ਪੂਰਾ ਗੁਰੂ ਉਸ ਦਾ (ਹਰੇਕ) ਡਰ ਸਾਰੇ ਦਾ ਸਾਰਾ ਦੂਰ ਕਰ ਦੇਂਦਾ ਹੈ ॥੧॥
49492	1152	ਸਭ ਤੇ ਵਡ ਸਮਰਥ ਗੁਰਦੇਵ॥	ਸਮਰੱਥ	Sabh Thae Vadd Samarathh Guradhaev ||	The All-powerful Divine Guru is the Greatest of all.	ਗੁਰੂ ਸਭਨਾਂ (ਦੇਵਤਿਆਂ) ਨਾਲੋਂ ਬਹੁਤ ਵੱਡੀ ਤਾਕਤ ਵਾਲਾ ਹੈ।
49493	1152	ਸਭਿ ਸੁਖ ਪਾਈ ਤਿਸ ਕੀ ਸੇਵ॥ਰਹਾਉ॥		Sabh Sukh Paaee This Kee Saev || Rehaao ||	Serving Him, I obtain all comforts. ||Pause||	ਮੈਂ (ਤਾਂ) ਉਸ (ਗੁਰੂ) ਦੀ ਸਰਨ ਪੈ ਕੇ ਸਾਰੇ ਸੁਖ ਪ੍ਰਾਪਤ ਕਰ ਰਿਹਾ ਹਾਂ ॥ ਰਹਾਉ॥
49494	1152	ਜਾ ਕਾ ਕੀਆ ਸਭੁ ਕਿਛੁ ਹੋਇ॥		Jaa Kaa Keeaa Sabh Kishh Hoe ||	Everything is done by Him.	(ਜਗਤ ਵਿਚ) ਜਿਸ (ਪਰਮਾਤਮਾ) ਦਾ ਕੀਤਾ ਹੀ ਹਰੇਕ ਕੰਮ ਹੋ ਰਿਹਾ ਹੈ,
49495	1152	ਤਿਸ ਕਾ ਅਮਰੁ ਨ ਮੇਟੈ ਕੋਇ॥		This Kaa Amar N Maettai Koe ||	No one can erase His Eternal Decree.	ਉਸ (ਪਰਮਾਤਮਾ) ਦਾ ਹੁਕਮ ਕੋਈ ਜੀਵ ਮੋੜ ਨਹੀਂ ਸਕਦਾ।
49496	1152	ਪਾਰਬ੍ਰਹਮੁ ਪਰਮੇਸਰੁ ਅਨੂਪੁ॥		Paarabreham Paramaesar Anoop ||	The Supreme Lord God, the Transcendent Lord, is incomparably beautiful.	ਉਹ ਪ੍ਰਭੂ ਪਰਮੇਸਰ (ਐਸਾ ਹੈ ਕਿ ਉਸ) ਵਰਗਾ ਹੋਰ ਕੋਈ ਨਹੀਂ।

49497	1152	ਸਫਲ ਮੂਰਤਿ ਗੁਰੁ ਤਿਸ ਕਾ ਰੂਪੁ॥੨॥		Safal Moorath Gur This Kaa Roop ||2||	The Guru is the Image of Fulfillment, the Embodiment of the Lord. ||2||	ਉਸ ਦੇ ਸਰੂਪ ਦਾ ਦੀਦਾਰ ਸਾਰੇ ਮਨੋਰਥ ਪੂਰੇ ਕਰਦਾ ਹੈ। ਗੁਰੂ ਉਸ ਪਰਮਾਤਮਾ ਦਾ ਰੂਪ ਹੈ ॥੨॥
49498	1152	ਜਾ ਕੈ ਅੰਤਰਿ ਬਸੈ ਹਰਿ ਨਾਮੁ॥		Jaa Kai Anthar Basai Har Naam ||	The Name of the Lord abides deep within him.	(ਗੁਰੂ ਦੀ ਰਾਹੀਂ) ਜਿਸ (ਮਨੁੱਖ) ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ,
49499	1152	ਜੋ ਜੋ ਪੇਖੈ ਸੁ ਬ੍ਰਹਮਗਿਆਨੁ॥		Jo Jo Paekhai S Breham Giaan ||	Wherever he looks, he sees the Wisdom of God.	(ਉਹ ਮਨੁੱਖ ਜਗਤ ਵਿਚ) ਜੋ ਕੁਝ ਭੀ ਵੇਖਦਾ ਹੈ ਉਹ (ਵੇਖਿਆ ਪਦਾਰਥ ਉਸ ਦੀ) ਪਰਮਾਤਮਾ ਨਾਲ ਡੂੰਘੀ ਸਾਂਝ ਹੀ ਬਣਾਂਦਾ ਹੈ।
49500	1152	ਬੀਸ ਬਿਸੁਏ ਜਾ ਕੈ ਮਨਿ ਪਰਗਾਸੁ॥	ਬਿਸੁ-ਏ	Bees Bisueae Jaa Kai Man Paragaas ||	His mind is totally enlightened and illuminated.	(ਗੁਰੂ ਦੀ ਰਾਹੀਂ) ਜਿਸ ਮਨੁੱਖ ਦੇ ਮਨ ਵਿਚ ਆਤਮਕ ਜੀਵਨ ਦਾ ਮੁਕੰਮਲ ਚਾਨਣ ਹੋ ਜਾਂਦਾ ਹੈ,
49501	1152	ਤਿਸੁ ਜਨ ਕੈ ਪਾਰਬ੍ਰਹਮ ਕਾ ਨਿਵਾਸੁ॥੩॥		This Jan Kai Paarabreham Kaa Nivaas ||3||	Within that person, the Supreme Lord God abides. ||3||	ਉਸ ਮਨੁੱਖ ਦੇ ਅੰਦਰ ਪਰਮਾਤਮਾ ਦਾ ਨਿਵਾਸ ਹੋ ਜਾਂਦਾ ਹੈ ॥੩॥
49502	1152	ਤਿਸੁ ਗੁਰ ਕਉ ਸਦ ਕਰੀ ਨਮਸਕਾਰ॥		This Gur Ko Sadh Karee Namasakaar ||	I humbly bow to that Guru forever.	ਹੇ ਨਾਨਕ! (ਆਖ-ਹੇ ਭਾਈ!) ਉਸ ਗੁਰੂ ਨੂੰ ਮੈਂ ਸਦਾ ਸਿਰ ਨਿਵਾਂਦਾ ਰਹਿੰਦਾ ਹਾਂ,

49503	1152	ਤਿਸੁ ਗੁਰ ਕਉ ਸਦ ਜਾਉ ਬਲਿਹਾਰ॥		This Gur Ko Sadh Jaao Balihaar ||	I am forever a sacrifice to that Guru.	ਉਸ ਗੁਰੂ ਤੋਂ ਮੈਂ ਸਦਾ ਕੁਰਬਾਨ ਜਾਂਦਾ ਹਾਂ।
49504	1152	ਸਤਿਗੁਰ ਕੇ ਚਰਨ ਧੋਇ ਧੋਇ ਪੀਵਾ॥		Sathigur Kae Charan Dhhoe Dhhoe Peevaa ||	I wash the feet of the Guru, and drink in this water.	ਮੈਂ ਉਸ ਗੁਰੂ ਦੇ ਚਰਨ ਧੋ ਧੋ ਕੇ ਪੀਂਦਾ ਹਾਂ (ਭਾਵ, ਮੈਂ ਉਸ ਗੁਰੂ ਤੋਂ ਆਪਣਾ ਆਪਾ ਸਦਕੇ ਕਰਦਾ ਹਾਂ)।
49505	1152	ਗੁਰ ਨਾਨਕ ਜਪਿ ਜਪਿ ਸਦ ਜੀਵਾ॥੪॥੪੩॥੫੬॥		Gur Naanak Jap Jap Sadh Jeevaa ||4||43||56||	Chanting and meditating forever on Guru Nanak, I live. ||4||43||56||	ਉਸ ਗੁਰੂ ਨੂੰ ਸਦਾ ਚੇਤੇ ਕਰ ਕੇ ਮੈਂ ਆਤਮਕ ਜੀਵਨ ਹਾਸਲ ਕਰਦਾ ਰਹਿੰਦਾ ਹਾਂ ॥੪॥੪੩॥੫੬॥
49506	1153	ਰਾਗੁ ਭੈਰਉ ਮਹਲਾ ੫ ਪੜਤਾਲ ਘਰੁ ੩		Raag Bhairo Mehalaa 5 Parrathaal Ghar 3	Raag Bhairao, Fifth Mehl, Partaal, Third House:	ਰਾਗ ਭੈਰਉ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਪੜਤਾਲ'।
49507	1153	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
49508	1153	ਪਰਤਿਪਾਲ ਪ੍ਰਭ ਕ੍ਰਿਪਾਲ ਕਵਨ ਗੁਨ ਗਨੀ॥		Parathipaal Prabh Kirapaal Kavan Gun Ganee ||	God is the Compassionate Cherisher. Who can count His Glorious Virtues?	ਹੇ ਸਭ ਦੇ ਪਾਲਣਹਾਰ ਪ੍ਰਭੂ! ਹੇ ਕਿਰਪਾਲ ਪ੍ਰਭੂ! ਮੈਂ ਤੇਰੇ ਕਿਹੜੇ ਕਿਹੜੇ ਗੁਣ ਬਿਆਨ ਕਰਾਂ?

49509	1153	ਅਨਿਕ ਰੰਗ ਬਹੁ ਤਰੰਗ ਸਰਬ ਕੋ ਧਨੀ॥੧॥ਰਹਾਉ॥		Anik Rang Bahu Tharang Sarab Ko Dhhanee ||1|| Rehaao ||	Countless colors, and countless waves of joy; He is the Master of all. ||1||Pause||	(ਜਗਤ ਦੇ) ਅਨੇਕਾਂ ਰੰਗ-ਤਮਾਸ਼ੇ (ਤੇਰੇ ਹੀ ਰਚੇ ਹੋਏ ਹਨ), (ਤੂੰ ਇਕ ਬੇਅੰਤ ਸਮੁੰਦਰ ਹੈਂ, ਜਗਤ ਦੇ ਬੇਅੰਤ ਜੀਅ-ਜੰਤ ਤੇਰੇ ਵਿਚੋਂ ਹੀ) ਲਹਿਰਾਂ ਉੱਠੀਆਂ ਹੋਈਆਂ ਹਨ, ਤੂੰ ਸਭ ਜੀਵਾਂ ਦਾ ਮਾਲਕ ਹੈਂ ॥੧॥ ਰਹਾਉ ॥
49510	1153	ਅਨਿਕ ਗਿਆਨ ਅਨਿਕ ਧਿਆਨ ਅਨਿਕ ਜਾਪ ਜਾਪ ਤਾਪ॥		Anik Giaan Anik Dhhiaan Anik Jaap Jaap Thaap ||	Endless spiritual wisdom, endless meditations, endless chants, intense meditations and austere self-disciplines.	ਹੇ ਪਾਲਣਹਾਰ ਪ੍ਰਭੂ! ਅਨੇਕਾਂ ਹੀ ਜੀਵ (ਧਾਰਮਿਕ ਪੁਸਤਕਾਂ ਦੇ) ਵਿਚਾਰ ਕਰ ਰਹੇ ਹਨ, ਅਨੇਕਾਂ ਹੀ ਜੀਵ ਸਮਾਧੀਆਂ ਲਾ ਰਹੇ ਹਨ, ਅਨੇਕਾਂ ਹੀ ਜੀਵ ਮੰਤ੍ਰਾਂ ਦੇ ਜਪ ਕਰ ਰਹੇ ਹਨ ਤੇ ਧੂਣੀਆਂ ਤਪ ਰਹੇ ਹਨ।
49511	1153	ਅਨਿਕ ਗੁਨਿਤ ਧੁਨਿਤ ਲਲਿਤ ਅਨਿਕ ਧਾਰ ਮੁਨੀ॥੧॥		Anik Gunith Dhhunith Lalith Anik Dhhaar Munee ||1||	Countless virtues, musical notes and playful sports; countless silent sages enshrine Him in their hearts. ||1||	ਅਨੇਕਾਂ ਜੀਵ ਤੇਰੇ ਗੁਣਾਂ ਨੂੰ ਵਿਚਾਰ ਰਹੇ ਹਨ, ਅਨੇਕਾਂ ਜੀਵ (ਤੇਰੇ ਕੀਰਤਨ ਵਿਚ) ਮਿਠੀਆਂ ਸੁਰਾਂ ਲਾ ਰਹੇ ਹਨ, ਅਨੇਕਾਂ ਹੀ ਜੀਵ ਮੌਨ ਧਾਰੀ ਬੈਠੇ ਹਨ ॥੧॥

49512	1153	ਅਨਿਕ ਨਾਦ ਅਨਿਕ ਬਾਜ ਨਿਮਖ ਨਿਮਖ ਅਨਿਕ ਸ੍ਵਾਦ ਅਨਿਕ ਦੋਖ ਅਨਿਕ ਰੋਗ ਮਿਟਹਿ ਜਸ ਸੁਨੀ॥	ਸੁਆਦ	Anik Naadh Anik Baaj Nimakh Nimakh Anik Svaadh Anik Dhokh Anik Rog Mittehi Jas Sunee ||	Countless melodies, countless instruments, countless tastes, each and every instant. Countless mistakes and countless diseases are removed by hearing His Praise.	ਹੇ ਪ੍ਰਭੂ! (ਜਗਤ ਵਿਚ) ਅਨੇਕਾਂ ਰਾਗ ਹੋ ਰਹੇ ਹਨ, ਅਨੇਕਾਂ ਸਾਜ ਵੱਜ ਰਹੇ ਹਨ, ਇਕ ਇਕ ਨਿਮਖ ਵਿਚ ਅਨੇਕਾਂ ਸੁਆਦ ਪੈਦਾ ਹੋ ਰਹੇ ਹਨ। ਹੇ ਪ੍ਰਭੂ! ਤੇਰੀ ਸਿਫ਼ਤ-ਸਾਲਾਹ ਸੁਣਿਆਂ ਅਨੇਕਾਂ ਵਿਕਾਰ ਤੇ ਅਨੇਕਾਂ ਰੋਗ ਦੂਰ ਹੋ ਜਾਂਦੇ ਹਨ।
49513	1153	ਨਾਨਕ ਸੇਵ ਅਪਾਰ ਦੇਵ ਤਟਹ ਖਟਹ ਬਰਤ ਪੂਜਾ ਗਵਨ ਭਵਨ ਜਾਤ੍ਰ ਕਰਨ ਸਗਲ ਫਲ ਪੁਨੀ॥੨॥੧॥੫੭॥੮॥੨੧॥੭॥੫੭॥੯੩॥	ਤੀਰਥਾਂ ਦੇ (ਤਟਹ) ਕਿਨਾਰੇ। (ਖਟਹ) ਛੇ ਸ਼ਾਸਤ੍ਰ। ਤਟਹ, ਖਟਹ, ਪੁਨੀ: ਪੋਲੇ ਬੋਲੋ	Naanak Saev Apaar Dhaev Thatteh Khatteh Barath Poojaa Gavan Bhavan Jaathr Karan Sagal Fal Punee ||2||1||57||8||21||7||57||93||	O Nanak, serving the Infinite, Divine Lord, one earns all the rewards and merits of performing the six rituals, fasts, worship services, pilgrimages to sacred rivers, and journeys to sacred shrines. ||2||1||57||8||21||7||57||93||	ਹੇ ਨਾਨਕ! ਬੇਅੰਤ ਪ੍ਰਭੂ-ਦੇਵ ਦੀ ਸੇਵਾ-ਭਗਤੀ ਹੀ ਤੀਰਥ-ਜਾਤ੍ਰਾ ਹੈ, ਭਗਤੀ ਹੀ ਛੇ ਸ਼ਾਸਤਰਾਂ ਦੀ ਵਿਚਾਰ ਹੈ, ਭਗਤੀ ਹੀ ਦੇਵ-ਪੂਜਾ ਹੈ, ਭਗਤੀ ਹੀ ਦੇਸ-ਰਟਨ ਤੇ ਤੀਰਥ-ਜਾਤ੍ਰਾ ਹੈ। ਸਾਰੇ ਫਲ ਸਾਰੇ ਪੁੰਨ ਪਰਮਾਤਮਾ ਦੀ ਸੇਵਾ-ਭਗਤੀ ਵਿਚ ਹੀ ਹਨ ॥੨॥੧॥੫੭॥੮॥੨੧॥੭॥੫੭॥੯੩॥

49514	1153	ਭੈਰਉ ਅਸਟਪਦੀਆ ਮਹਲਾ ੧ ਘਰੁ ੨	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Bhairo Asattapadheeaa Mehalaa 1 Ghar 2	Bhairao, Ashtapadees, First Mehl, Second House:	ਰਾਗ ਭੈਰਉ, ਘਰ ੨ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
49515	1153	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
49516	1153	ਆਤਮ ਮਹਿ ਰਾਮੁ ਰਾਮ ਮਹਿ ਆਤਮੁ ਚੀਨਸਿ ਗੁਰ ਬੀਚਾਰਾ॥		Aatham Mehi Raam Raam Mehi Aatham Cheenas Gur Beechaaraa ||	The Lord is in the soul, and the soul is in the Lord. This is realized through the Guru's Teachings.	(ਜਿਸ ਮਨੁੱਖ ਉਤੇ ਪ੍ਰਭੂ ਧੁਰੋਂ ਬਖ਼ਸ਼ਸ਼ ਕਰਦਾ ਹੈ ਉਹ) ਗੁਰੂ ਦੇ ਸ਼ਬਦ ਦੀ ਵਿਚਾਰ ਰਾਹੀਂ ਇਹ ਪਛਾਣ ਲੈਂਦਾ ਹੈ ਕਿ ਹਰੇਕ ਜੀਵਾਤਮਾ ਵਿਚ ਪਰਮਾਤਮਾ ਮੌਜੂਦ ਹੈ, ਪਰਮਾਤਮਾ ਵਿਚ ਹੀ ਹਰੇਕ ਜੀਵ (ਜੀਉਂਦਾ) ਹੈ।
49517	1153	ਅੰਮ੍ਰਿਤ ਬਾਣੀ ਸਬਦਿ ਪਛਾਣੀ ਦੁਖ ਕਾਟੈ ਹਉ ਮਾਰਾ॥੧॥		Anmrith Baanee Sabadh Pashhaanee Dhukh Kaattai Ho Maaraa ||1||	The Ambrosial Word of the Guru's Bani is realized through the Word of the Shabad. Sorrow is dispelled, and egotism is eliminated. ||1||	ਉਹ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਤਮਕ ਜੀਵਨ ਦੇਣ ਵਾਲੀ ਸਿਫ਼ਤ-ਸਾਲਾਹ ਦੀ ਬਾਣੀ ਦੀ ਕਦਰ ਸਮਝ ਲੈਂਦਾ ਹੈ, ਉਹ (ਆਪਣੇ ਅੰਦਰੋਂ) ਹਉਮੈ ਨੂੰ ਮੁਕਾ ਲੈਂਦਾ ਹੈ (ਤੇ ਹਉਮੈ ਤੋਂ ਪੈਦਾ ਹੋਣ ਵਾਲੇ ਸਾਰੇ) ਦੁੱਖ ਦੂਰ ਕਰ ਲੈਂਦਾ ਹੈ ॥੧॥
49518	1153	ਨਾਨਕ ਹਉਮੈ ਰੋਗ ਬੁਰੇ॥		Naanak Houmai Rog Burae ||	O Nanak, the disease of egotism is so very deadly.	ਹੇ ਨਾਨਕ! ਹਉਮੈ ਤੋਂ ਪੈਦਾ ਹੋਣ ਵਾਲੇ (ਆਤਮਕ) ਰੋਗ ਬਹੁਤ ਚੰਦਰੇ ਹਨ।

49519	1153	ਜਹ ਦੇਖਾਂ ਤਹ ਏਕਾ ਬੇਦਨ ਆਪੇ ਬਖਸੈ ਸਬਦਿ ਧੁਰੇ॥੧॥ਰਹਾਉ॥		Jeh Dhaekhaan Theh Eaekaa Baedhan Aapae Bakhasai Sabadh Dhhurae ||1|| Rehaao ||	Wherever I look, I see the pain of the same disease. The Primal Lord Himself bestows the Shabad of His Word. ||1||Pause||	ਮੈਂ ਤਾਂ (ਜਗਤ ਵਿਚ) ਜਿਧਰ ਵੇਖਦਾ ਹਾਂ ਉਧਰ ਇਹ ਹਉਮੈ ਦੀ ਪੀੜਾ ਹੀ ਵੇਖਦਾ ਹਾਂ। ਧੁਰੋਂ ਜਿਸ ਨੂੰ ਆਪ ਹੀ ਬਖ਼ਸ਼ਦਾ ਹੈ ਉਸ ਨੂੰ ਗੁਰੂ ਦੇ ਸ਼ਬਦ ਵਿਚ (ਜੋੜਦਾ ਹੈ) ॥੧॥ ਰਹਾਉ ॥
49520	1153	ਆਪੇ ਪਰਖੇ ਪਰਖਣਹਾਰੈ ਬਹੁਰਿ ਸੂਲਾਕੁ ਨ ਹੋਈ॥	ਔਗੁਣਾਂ ਦਾ (ਸੂਲਾਕੁ) ਛੇਕ	Aapae Parakhae Parakhanehaarai Bahur Soolaak N Hoee ||	When the Appraiser Himself appraises the mortal, then he is not tested again.	ਪਰਖਣ ਦੀ ਤਾਕਤ ਰੱਖਣ ਵਾਲੇ ਪਰਮਾਤਮਾ ਨੇ ਆਪ ਹੀ ਜਿਨ੍ਹਾਂ ਨੂੰ ਪਰਖ (ਕੇ ਪਰਵਾਨ ਕਰ) ਲਿਆ ਹੈ, ਉਹਨਾਂ ਨੂੰ ਮੁੜ (ਹਉਮੈ ਦਾ) ਕਸ਼ਟ ਨਹੀਂ ਹੁੰਦਾ।
49521	1153	ਜਿਨ ਕਉ ਨਦਰਿ ਭਈ ਗੁਰਿ ਮੇਲੇ ਪ੍ਰਭ ਭਾਣਾ ਸਚੁ ਸੋਈ॥੨॥		Jin Ko Nadhar Bhee Gur Maelae Prabh Bhaanaa Sach Soee ||2||	Those who are blessed with His Grace meet with the Guru. They alone are true, who are pleasing to God. ||2||	ਜਿਨ੍ਹਾਂ ਉਤੇ ਪਰਮਾਤਮਾ ਦੀ ਮੇਹਰ ਦੀ ਨਿਗਾਹ ਹੋ ਗਈ, ਉਹਨਾਂ ਨੂੰ ਗੁਰੂ ਨੇ (ਪ੍ਰਭੂ-ਚਰਨਾਂ ਵਿਚ) ਜੋੜ ਲਿਆ। ਜੇਹੜਾ ਮਨੁੱਖ ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ, ਉਹ ਉਸ ਸਦਾ-ਥਿਰ ਪ੍ਰਭੂ ਦਾ ਰੂਪ ਹੀ ਹੋ ਜਾਂਦਾ ਹੈ ॥੨॥
49522	1153	ਪਉਣੁ ਪਾਣੀ ਬੈਸੰਤਰੁ ਰੋਗੀ ਰੋਗੀ ਧਰਤਿ ਸਭੋਗੀ॥	(ਸਭੋਗੀ) ਰਾਜਿਆਂ ਸਹਿਤ, ਸੱਪਾਂ ਸਹਿਤ।ਸ-ਭੋਗੀ	Poun Paanee Baisanthar Rogee Rogee Dhharath Sabhogee ||	Air, water and fire are diseased; the world with its enjoyments is diseased.	(ਹਉਮੈ ਦਾ ਰੋਗ ਇਤਨਾ ਬਲੀ ਹੈ ਕਿ) ਹਵਾ, ਪਾਣੀ, ਅੱਗ (ਆਦਿਕ ਤੱਤ ਭੀ) ਇਸ ਰੋਗ ਵਿਚ ਗ੍ਰਸੇ ਹੋਏ ਹਨ, ਇਹ ਧਰਤੀ ਭੀ ਹਉਮੈ-ਰੋਗ ਦਾ ਸ਼ਿਕਾਰ ਹੈ ਜਿਸ ਵਿਚੋਂ ਵਰਤਣ ਵਾਲੇ ਬੇਅੰਤ ਪਦਾਰਥ ਪੈਦਾ ਹੁੰਦੇ ਹਨ।

49523	1153	ਮਾਤ ਪਿਤਾ ਮਾਇਆ ਦੇਹ ਸਿ ਰੋਗੀ ਰੋਗੀ ਕੁਟੰਬ ਸੰਜੋਗੀ॥੩॥		Maath Pithaa Maaeiaa Dhaeh S Rogee Rogee Kuttanb Sanjogee ||3||	Mother, father, Maya and the body are diseased; those united with their relatives are diseased. ||3||	(ਆਪੋ ਆਪਣੇ) ਪਰਵਾਰਾਂ ਦੇ ਸੰਬੰਧ ਦੇ ਕਾਰਨ ਮਾਂ ਪਿਉ, ਮਾਇਆ, ਸਰੀਰ-ਇਹ ਸਾਰੇ ਹੀ ਹਉਮੈ ਦੇ ਰੋਗ ਵਿਚ ਫਸੇ ਹੋਏ ਹਨ ॥੩॥
49524	1153	ਰੋਗੀ ਬ੍ਰਹਮਾ ਬਿਸਨੁ ਸਰੁਦ੍ਰਾ ਰੋਗੀ ਸਗਲ ਸੰਸਾਰਾ॥	ਸ-ਰੁਦ੍ਰਾ	Rogee Brehamaa Bisan Sarudhraa Rogee Sagal Sansaaraa ||	Brahma, Vishnu and Shiva are diseased; the whole world is diseased.	(ਸਾਧਾਰਨ ਜੀਵਾਂ ਦੀ ਗੱਲ ਹੀ ਕੀਹ ਹੈ? ਵੱਡੇ ਵੱਡੇ ਅਖਵਾਣ ਵਾਲੇ ਦੇਵਤੇ) ਬ੍ਰਹਮਾ, ਵਿਸ਼ਨੂ ਤੇ ਸ਼ਿਵ ਭੀ ਹਉਮੈ ਦੇ ਰੋਗ ਵਿਚ ਹਨ, ਸਾਰਾ ਸੰਸਾਰ ਹੀ ਇਸ ਰੋਗ ਵਿਚ ਗ੍ਰਸਿਆ ਹੋਇਆ ਹੈ।
49525	1153	ਹਰਿ ਪਦੁ ਚੀਨਿ ਭਏ ਸੇ ਮੁਕਤੇ ਗੁਰ ਕਾ ਸਬਦੁ ਵੀਚਾਰਾ॥੪॥		Har Padh Cheen Bheae Sae Mukathae Gur Kaa Sabadh Veechaaraa ||4||	Those who remember the Lord's Feet and contemplate the Word of the Guru's Shabad are liberated. ||4||	ਇਸ ਰੋਗ ਤੋਂ ਉਹੀ ਸੁਤੰਤਰ ਹੁੰਦੇ ਹਨ ਜਿਨ੍ਹਾਂ ਨੇ ਪਰਮਾਤਮਾ ਨਾਲ ਮਿਲਾਪ-ਅਵਸਥਾ ਦੀ ਕਦਰ ਪਛਾਣ ਕੇ ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਇਆ ਹੈ ॥੪॥
49526	1153	ਰੋਗੀ ਸਾਤ ਸਮੁੰਦ ਸਨਦੀਆ ਖੰਡ ਪਤਾਲ ਸਿ ਰੋਗਿ ਭਰੇ॥	(ਸਨਦੀਆ) ਸਹਿਤ ਨਦੀਆਂ। ਸ-ਨਦੀਆ	Rogee Saath Samundh Sanadheeaa Khandd Pathaal S Rog Bharae ||	The seven seas are diseased, along with the rivers; the continents and the nether regions of the underworlds are full of disease.	ਸਾਰੀਆਂ ਨਦੀਆਂ ਸਮੇਤ ਸੱਤੇ ਸਮੁੰਦਰ (ਹਉਮੈ ਦੇ) ਰੋਗੀ ਹਨ, ਸਾਰੀਆਂ ਧਰਤੀਆਂ ਤੇ ਪਾਤਾਲ-ਇਹ ਭੀ (ਹਉਮੈ-) ਰੋਗ ਨਾਲ ਭਰੇ ਹੋਏ ਹਨ।

49527	1153	ਹਰਿ ਕੇ ਲੋਕ ਸਿ ਸਾਚਿ ਸੁਹੇਲੇ ਸਰਬੀ ਥਾਈ ਨਦਰਿ ਕਰੇ॥੫॥	ਸਰਬੀਂ, ਥਾਂਈਂ	Har Kae Lok S Saach Suhaelae Sarabee Thhaaee Nadhar Karae ||5||	The people of the Lord dwell in Truth and peace; He blesses them with His Grace everywhere. ||5||	ਜੇਹੜੇ ਬੰਦੇ ਪਰਮਾਤਮਾ ਦੇ ਹੋ ਜਾਂਦੇ ਹਨ ਉਹ ਉਸ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦੇ ਹਨ ਤੇ ਸੁਖੀ ਜੀਵਨ ਗੁਜ਼ਾਰਦੇ ਹਨ, ਪ੍ਰਭੂ ਹਰ ਥਾਂ ਉਹਨਾਂ ਉਤੇ ਮੇਹਰ ਦੀ ਨਜ਼ਰ ਕਰਦਾ ਹੈ ॥੫॥
49528	1153	ਰੋਗੀ ਖਟ ਦਰਸਨ ਭੇਖਧਾਰੀ ਨਾਨਾ ਹਠੀ ਅਨੇਕਾ॥	ਨ੍ਹਾਨ੍ਹਾ, ਹਠੀ: ਪੋਲਾ ਬੋਲੋ।ਅਨੇਕਾਂ	Rogee Khatt Dharasan Bhaekhadhhaaree Naanaa Hathee Anaekaa ||	The six Shaastras are diseased, as are the many who follow the different religious orders.	ਛੇ ਹੀ ਭੇਖਾਂ ਦੇ ਧਾਰਨੀ (ਜੋਗੀ ਜੰਗਮ ਆਦਿਕ) ਅਤੇ ਹੋਰ ਅਨੇਕਾਂ ਕਿਸਮਾਂ ਦੇ ਹਠ-ਸਾਧਨ ਕਰਨ ਵਾਲੇ ਭੀ ਹਉਮੈ-ਰੋਗ ਵਿਚ ਫਸੇ ਹੋਏ ਹਨ।
49529	1153	ਬੇਦ ਕਤੇਬ ਕਰਹਿ ਕਹ ਬਪੁਰੇ ਨਹ ਬੂਝਹਿ ਇਕ ਏਕਾ॥੬॥	ਬੱਪੁਰੇ। ਬੂੱਝਹਿ	Baedh Kathaeb Karehi Keh Bapurae Neh Boojhehi Eik Eaekaa ||6||	What can the poor Vedas and Bibles do? People do not understand the One and Only Lord. ||6||	ਵੇਦ ਤੇ ਕੁਰਾਨ ਆਦਿਕ ਧਰਮ-ਪੁਸਤਕ ਭੀ ਉਹਨਾਂ ਦੀ ਸਹੈਤਾ ਕਰਨ ਤੋਂ ਅਸਮਰਥ ਹੋ ਜਾਂਦੇ ਹਨ, ਕਿਉਂਕਿ ਉਹ ਉਸ ਪਰਮਾਤਮਾ ਨੂੰ ਨਹੀਂ ਪਛਾਣਦੇ ਜੋ ਇਕ ਆਪ ਹੀ ਆਪ (ਸਾਰੀ ਸ੍ਰਿਸ਼ਟੀ ਦਾ ਕਰਤਾ ਤੇ ਇਸ ਵਿਚ ਵਿਆਪਕ) ਹੈ ॥੬॥

49530	1153	ਮਿਠ ਰਸੁ ਖਾਇ ਸੁ ਰੋਗਿ ਭਰੀਜੈ ਕੰਦ ਮੂਲਿ ਸੁਖੁ ਨਾਹੀ॥	ਮਿੱਠ	Mith Ras Khaae S Rog Bhareejai Kandh Mool Sukh Naahee ||	Eating sweet treats, the mortal is filled with disease; he finds no peace at all.	ਜੇਹੜਾ ਮਨੁੱਖ (ਗ੍ਰਿਹਸਤ ਵਿਚ ਰਹਿ ਕੇ) ਹਰੇਕ ਕਿਸਮ ਦਾ ਸੁਆਦਲਾ ਪਦਾਰਥ ਖਾਂਦਾ ਹੈ ਉਹ (ਭੀ ਹਉਮੈ-) ਰੋਗ ਵਿਚ ਲਿੱਬੜਿਆ ਪਿਆ ਹੈ, ਜੇਹੜਾ ਮਨੁੱਖ (ਜਗਤ ਤਿਆਗ ਕੇ ਜੰਗਲ ਵਿਚ ਜਾ ਬੈਠਦਾ ਹੈ ਉਸ ਨੂੰ ਭੀ ਨਿਰੇ) ਗਾਜਰ ਮੂਲੀ (ਖਾ ਲੈਣ) ਨਾਲ ਆਤਮਕ ਸੁਖ ਨਹੀਂ ਮਿਲ ਜਾਂਦਾ।
49531	1153	ਨਾਮੁ ਵਿਸਾਰਿ ਚਲਹਿ ਅਨ ਮਾਰਗਿ ਅੰਤ ਕਾਲਿ ਪਛੁਤਾਹੀ॥੭॥		Naam Visaar Chalehi An Maarag Anth Kaal Pashhuthaahee ||7||	Forgetting the Naam, the Name of the Lord, they walk on other paths, and at the very last moment, they regret and repent. ||7||	(ਗ੍ਰਿਹਸਤੀ ਹੋਣ, ਚਾਹੇ ਤਿਆਗੀ) ਪਰਮਾਤਮਾ ਦਾ ਨਾਮ ਭੁਲਾ ਕੇ ਜੇਹੜੇ ਜੇਹੜੇ ਭੀ ਹੋਰ ਹੋਰ ਰਸਤੇ ਤੇ ਤੁਰਦੇ ਹਨ ਉਹ ਆਖ਼ਰ ਪਛੁਤਾਂਦੇ ਹੀ ਹਨ ॥੭॥
49532	1153	ਤੀਰਥਿ ਭਰਮੈ ਰੋਗੁ ਨ ਛੂਟਸਿ ਪੜਿਆ ਬਾਦੁ ਬਿਬਾਦੁ ਭਇਆ॥	ਪੜ੍ਹਿਆ	Theerathh Bharamai Rog N Shhoottas Parriaa Baadh Bibaadh Bhaeiaa ||	Wandering around at sacred shrines of pilgrimage, the mortal is not cured of his disease. Reading scripture, he gets involved in useless arguments.	ਜੇਹੜਾ ਮਨੁੱਖ ਤੀਰਥ ਉਤੇ ਭਟਕਦਾ ਫਿਰਦਾ ਹੈ ਉਸ ਦਾ ਭੀ (ਹਉਮੈ-) ਰੋਗ ਨਹੀਂ ਮੁੱਕਦਾ, ਪੜ੍ਹਿਆ ਹੋਇਆ ਮਨੁੱਖ ਭੀ ਇਸ ਤੋਂ ਨਹੀਂ ਬਚਿਆ, ਉਸ ਨੂੰ ਝਗੜਾ-ਬਹਸ (ਰੂਪ ਹੋ ਕੇ ਹਉਮੈ-ਰੋਗ) ਚੰਬੜਿਆ ਹੋਇਆ ਹੈ।

49533	1153	ਦੁਬਿਧਾ ਰੋਗੁ ਸੁ ਅਧਿਕ ਵਡੇਰਾ ਮਾਇਆ ਕਾ ਮੁਹਤਾਜੁ ਭਇਆ॥੮॥		Dhubidhhaa Rog S Adhhik Vaddaeraa Maaeiaa Kaa Muhathaaj Bhaeiaa ||8||	The disease of duality is so very deadly; it causes dependence on Maya. ||8||	ਪਰਮਾਤਮਾ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਝਾਕ ਇਕ ਬੜਾ ਭਾਰਾ ਰੋਗ ਹੈ, ਇਸ ਵਿਚ ਫਸਿਆ ਮਨੁੱਖ ਸਦਾ ਮਾਇਆ ਦਾ ਮੁਥਾਜ ਬਣਿਆ ਰਹਿੰਦਾ ਹੈ ॥੮॥
49534	1153	ਗੁਰਮੁਖਿ ਸਾਚਾ ਸਬਦਿ ਸਲਾਹੈ ਮਨਿ ਸਾਚਾ ਤਿਸੁ ਰੋਗੁ ਗਇਆ॥		Guramukh Saachaa Sabadh Salaahai Man Saachaa This Rog Gaeiaa ||	One who becomes Gurmukh and praises the True Shabad with the True Lord in his mind is cured of his disease.	ਜੇਹੜਾ (ਵੱਡ-ਭਾਗੀ) ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ, ਉਸ ਦੇ ਮਨ ਵਿਚ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਸਦਾ ਵੱਸਦਾ ਹੈ, ਇਸ ਵਾਸਤੇ ਉਸ ਦਾ (ਹਉਮੈ-) ਰੋਗ ਦੂਰ ਹੋ ਜਾਂਦਾ ਹੈ।
49535	1153	ਨਾਨਕ ਹਰਿ ਜਨ ਅਨ ਦਿਨੁ ਨਿਰਮਲ ਜਿਨ ਕਉ ਕਰਮਿ ਨੀਸਾਣੁ ਪਇਆ॥੯॥੧॥		Naanak Har Jan Anadhin Niramal Jin Ko Karam Neesaan Paeiaa ||9||1||	O Nanak, the humble servant of the Lord is immaculate, night and day; he bears the insignia of the Lord's Grace. ||9||1||	ਹੇ ਨਾਨਕ! ਪਰਮਾਤਮਾ ਦੇ ਭਗਤ ਸਦਾ ਪਵਿਤ੍ਰ ਜੀਵਨ ਵਾਲੇ ਹੁੰਦੇ ਹਨ, ਕਿਉਂਕਿ ਪ੍ਰਭੂ ਦੀ ਮੇਹਰ ਨਾਲ ਉਹਨਾਂ ਦੇ ਮੱਥੇ ਤੇ ਨਾਮ-ਸਿਮਰਨ ਦਾ ਨਿਸ਼ਾਨ (ਚਮਕਾਂ ਮਾਰਦਾ) ਹੈ ॥੯॥੧॥

49536	1154	ਭੈਰਉ ਮਹਲਾ ੩ ਘਰੁ ੨		Bhairo Mehalaa 3 Ghar 2	Bhairao, Third Mehl, Second House:	ਰਾਗ ਭੈਰਉ, ਘਰ ੨ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।
49537	1154	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
49538	1154	ਤਿਨਿ ਕਰਤੈ ਇਕੁ ਚਲਤੁ ਉਪਾਇਆ॥		Thin Karathai Eik Chalath Oupaaeiaa ||	The Creator has staged His Wondrous Play.	(ਇਹ ਜਗਤ) ਉਸ ਕਰਤਾਰ ਨੇ ਇਕ ਤਮਾਸ਼ਾ ਰਚਿਆ ਹੋਇਆ ਹੈ,
49539	1154	ਅਨਹਦ ਬਾਣੀ ਸਬਦੁ ਸੁਣਾਇਆ॥		Anehadh Baanee Sabadh Sunaaeiaa ||	I listen to the Unstruck Sound-current of the Shabad, and the Bani of His Word.	(ਉਸ ਨੇ ਆਪ ਹੀ ਗੁਰੂ ਦੀ ਰਾਹੀਂ ਜੀਵਾਂ ਨੂੰ) ਇਕ-ਰਸ ਵਲਵਲੇ ਵਾਲਾ ਗੁਰ-ਸ਼ਬਦ ਸੁਣਾਇਆ ਹੈ।
49540	1154	ਮਨਮੁਖਿ ਭੂਲੇ ਗੁਰਮੁਖਿ ਬੁਝਾਇਆ॥	ਬੁੱਝਾਇਆ	Manamukh Bhoolae Guramukh Bujhaaeiaa ||	The self-willed manmukhs are deluded and confused, while the Gurmukhs understand.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਸਹੀ ਜੀਵਨ-ਰਾਹ ਤੋਂ) ਖੁੰਝੇ ਰਹਿੰਦੇ ਹਨ, ਗੁਰੂ ਦੇ ਸਨਮੁਖ ਰਹਿਣ ਵਾਲਿਆਂ ਨੂੰ (ਪਰਮਾਤਮਾ ਆਤਮਕ ਜੀਵਨ ਦੀ) ਸੂਝ ਬਖ਼ਸ਼ ਦੇਂਦਾ ਹੈ।
49541	1154	ਕਾਰਣੁ ਕਰਤਾ ਕਰਦਾ ਆਇਆ॥੧॥		Kaaran Karathaa Karadhaa Aaeiaa ||1||	The Creator creates the Cause that causes. ||1||	ਇਹ ਸਬਬ ਕਰਤਾਰ (ਸਦਾ ਤੋਂ ਹੀ) ਬਣਾਂਦਾ ਆ ਰਿਹਾ ਹੈ ॥੧॥

49542	1154	ਗੁਰ ਕਾ ਸਬਦੁ ਮੇਰੈ ਅੰਤਰਿ ਧਿਆਨੁ॥		Gur Kaa Sabadh Maerai Anthar Dhhiaan ||	Deep within my being, I meditate on the Word of the Guru's Shabad.	(ਮੇਰੇ) ਗੁਰੂ ਦਾ ਸ਼ਬਦ ਮੇਰੇ ਅੰਦਰ ਵੱਸ ਰਿਹਾ ਹੈ, ਮੇਰੀ ਸੁਰਤ ਦਾ ਨਿਸ਼ਾਨਾ ਬਣ ਚੁਕਾ ਹੈ।
49543	1154	ਹਉ ਕਬਹੁ ਨ ਛੋਡਉ ਹਰਿ ਕਾ ਨਾਮੁ॥੧॥ਰਹਾਉ॥		Ho Kabahu N Shhoddo Har Kaa Naam ||1|| Rehaao ||	I shall never forsake the Name of the Lord. ||1||Pause||	(ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਾਪਤ ਕੀਤਾ ਹੋਇਆ) ਪਰਮਾਤਮਾ ਦਾ ਨਾਮ ਮੈਂ ਕਦੇ ਨਹੀਂ ਛੱਡਾਂਗਾ ॥੧॥ ਰਹਾਉ ॥
49544	1154	ਪਿਤਾ ਪ੍ਰਹਲਾਦੁ ਪੜਣ ਪਠਾਇਆ॥	ਪੜ੍ਹਣ	Pithaa Prehalaadh Parran Pathaaeiaa ||	Prahlaad's father sent him to school, to learn to read.	(ਵੇਖੋ, ਪ੍ਰਹਲਾਦ ਦੇ) ਪਿਉ ਨੇ ਪ੍ਰਹਲਾਦ ਨੂੰ ਪੜ੍ਹਨ ਵਾਸਤੇ (ਪਾਠਸ਼ਾਲਾ ਵਿਚ) ਘੱਲਿਆ।
49545	1154	ਲੈ ਪਾਟੀ ਪਾਧੇ ਕੈ ਆਇਆ॥	ਪੱਟੀ। ਪਾਂਧੇ	Lai Paattee Paadhhae Kai Aaeiaa ||	He took his writing tablet and went to the teacher.	ਪ੍ਰਹਲਾਦ ਪੱਟੀ ਲੈ ਕੇ ਪਾਂਧੇ ਕੋਲ ਪਹੁੰਚਿਆ।
49546	1154	ਨਾਮ ਬਿਨਾ ਨਹ ਪੜਉ ਅਚਾਰ॥	ਪੜ੍ਹਉ	Naam Binaa Neh Parro Achaar ||	He said, ""I shall not read anything except the Naam, the Name of the Lord.	(ਪਾਂਧੇ ਤਾਂ ਕੁਝ ਹੋਰ ਪੜ੍ਹਾਣ ਲੱਗੇ, ਪਰ ਪ੍ਰਹਲਾਦ ਨੇ ਆਖਿਆ-) ਮੈਂ ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਕਾਰ-ਵਿਹਾਰ ਨਹੀਂ ਪੜ੍ਹਾਂਗਾ,
49547	1154	ਮੇਰੀ ਪਟੀਆ ਲਿਖਿ ਦੇਹੁ ਗੋਬਿੰਦ ਮੁਰਾਰਿ॥੨॥		Maeree Patteeaa Likh Dhaehu Gobindh Muraar ||2||	Write the Lord's Name on my tablet."||2||	ਤੁਸੀਂ ਮੇਰੀ ਪੱਟੀ ਉਤੇ ਪਰਮਾਤਮਾ ਦਾ ਨਾਮ ਹੀ ਲਿਖ ਦਿਹੁ ॥੨॥

49548	1154	ਪੁਤ੍ਰ ਪ੍ਰਹਿਲਾਦ ਸਿਉ ਕਹਿਆ ਮਾਇ॥		Puthr Prehilaadh Sio Kehiaa Maae ||	Prahlaad's mother said to her son,	ਮਾਂ ਨੇ (ਆਪਣੇ) ਪੁੱਤਰ ਪ੍ਰਹਲਾਦ ਨੂੰ ਆਖਿਆ-
49549	1154	ਪਰਵਿਰਤਿ ਨ ਪੜਹੁ ਰਹੀ ਸਮਝਾਇ॥	ਪ੍ਰਹਿਲਾਦ ਜੀ ਨੇ ਕਿਹਾ ਕਿ ਛਲ ਰਾਜਨੀਤੀ ਵਿਕਾਰ ਚ ਪਰਵਿਰਤਿ ਖੱਚਤ ਹੋਣ ਵਾਲੀ ਪੜ੍ਹਾਈ ਨਹੀਂ (ਪੜ੍ਹਹੁ) ਪੜ੍ਹਾਂਗਾ	Paravirath N Parrahu Rehee Samajhaae ||	"I advise you not to read anything except what you are taught."	ਤੂੰ ਜਿਸ (ਹਰਿ-ਨਾਮ) ਵਿਚ ਰੁੱਝਾ ਪਿਆ ਹੈਂ ਉਹ ਨਾਹ ਪੜ੍ਹ (ਬਥੇਰਾ) ਸਮਝਾ ਰਹੀ।
49550	1154	ਨਿਰਭਉ ਦਾਤਾ ਹਰਿ ਜੀਉ ਮੇਰੈ ਨਾਲਿ॥		Nirabho Dhaathaa Har Jeeo Maerai Naal ||	He answered, ""The Great Giver, my Fearless Lord God is always with me.	(ਪਰ ਪ੍ਰਹਲਾਦ ਨੇ ਇਹੀ ਉੱਤਰ ਦਿੱਤਾ-) ਕਿਸੇ ਪਾਸੋਂ ਨਾਹ ਡਰਨ ਵਾਲਾ ਪਰਮਾਤਮਾ (ਸਦਾ) ਮੇਰੇ ਨਾਲ ਹੈ,
49551	1154	ਜੇ ਹਰਿ ਛੋਡਉ ਤਉ ਕੁਲਿ ਲਾਗੈ ਗਾਲਿ॥੩॥		Jae Har Shhoddo Tho Kul Laagai Gaal ||3||	If I were to forsake the Lord, then my family would be disgraced.""||3||	ਜੇ ਮੈਂ ਪਰਮਾਤਮਾ (ਦਾ ਨਾਮ) ਛੱਡ ਦਿਆਂ, ਤਾਂ ਸਾਰੀ ਕੁਲ ਨੂੰ ਹੀ ਦਾਗ਼ ਲੱਗੇਗਾ ॥੩॥
49552	1154	ਪ੍ਰਹਲਾਦਿ ਸਭਿ ਚਾਟੜੇ ਵਿਗਾਰੇ॥		Prehalaadh Sabh Chaattarrae Vigaarae ||	"Prahlaad has corrupted all the other students.	ਵਸਾਈ = ਵੱਸ, ਜ਼ੋਰ ॥੪॥
49553	1154	ਹਮਾਰਾ ਕਹਿਆ ਨ ਸੁਣੈ ਆਪਣੇ ਕਾਰਜ ਸਵਾਰੇ॥		Hamaaraa Kehiaa N Sunai Aapanae Kaaraj Savaarae ||	He does not listen to what I say, and he does his own thing.	

49554	1154	ਸਭ ਨਗਰੀ ਮਹਿ ਭਗਤਿ ਦ੍ਰਿੜਾਈ॥		Sabh Nagaree Mehi Bhagath Dhrirraaee ||	He instigated devotional worship in the townspeople.""	
49555	1154	ਦੁਸਟ ਸਭਾ ਕਾ ਕਿਛੁ ਨ ਵਸਾਈ॥੪॥		Dhusatt Sabhaa Kaa Kishh N Vasaaee ||4||	The gathering of the wicked people could not do anything against him. ||4||	
49556	1154	ਸੰਡੈ ਮਰਕੈ ਕੀਈ ਪੂਕਾਰ॥	ਕੀ-ਈ	Sanddai Marakai Keeee Pookaar ||	Sanda and Marka, his teachers, made the complaint.	(ਆਖ਼ਿਰ) ਸੰਡ ਨੇ ਤੇ ਅਮਰਕ ਨੇ (ਹਰਨਾਖਸ਼ ਪਾਸ) ਜਾ ਸ਼ਿਕੈਤ ਕੀਤੀ।
49557	1154	ਸਭੇ ਦੈਤ ਰਹੇ ਝਖ ਮਾਰਿ॥	ਦੈਂਤ, ਝਖ: ਪੋਲਾ ਬੋਲੋ	Sabhae Dhaith Rehae Jhakh Maar ||	All the demons kept trying in vain.	ਸਾਰੇ ਦੈਂਤ ਆਪਣੀ ਵਾਹ ਲਾ ਥੱਕੇ (ਪਰ ਉਹਨਾਂ ਦੀ ਪੇਸ਼ ਨ ਗਈ)।
49558	1154	ਭਗਤ ਜਨਾ ਕੀ ਪਤਿ ਰਾਖੈ ਸੋਈ॥		Bhagath Janaa Kee Path Raakhai Soee ||	The Lord protected His humble devotee, and preserved his honor.	ਆਪਣੇ ਭਗਤਾਂ ਦੀ ਲਾਜ ਉਹ ਆਪ ਹੀ ਰੱਖਦਾ ਹੈ।
49559	1154	ਕੀਤੇ ਕੈ ਕਹਿਐ ਕਿਆ ਹੋਈ ॥੫॥		Keethae Kai Kehiai Kiaa Hoee ||5||	What can be done by mere created beings? ||5||	ਉਸ ਦੇ ਪੈਦਾ ਕੀਤੇ ਹੋਏ ਕਿਸੇ (ਦੋਖੀ) ਦਾ ਜ਼ੋਰ ਨਹੀਂ ਚੱਲ ਸਕਦਾ ॥੫॥
49560	1154	ਕਿਰਤ ਸੰਜੋਗੀ ਦੈਤਿ ਰਾਜੁ ਚਲਾਇਆ॥		Kirath Sanjogee Dhaith Raaj Chalaaeiaa ||	Because of his past karma, the demon ruled over his kingdom.	ਪਿਛਲੇ ਕੀਤੇ ਕਰਮਾਂ ਦੇ ਸੰਜੋਗ ਨਾਲ ਦੈਂਤ (ਹਰਨਾਖਸ਼) ਨੇ ਰਾਜ ਚਲਾ ਲਿਆ,

49561	1154	ਹਰਿ ਨ ਬੂਝੈ ਤਿਨਿ ਆਪਿ ਭੁਲਾਇਆ॥		Har N Boojhai Thin Aap Bhulaaeiaa ||	He did not realize the Lord; the Lord Himself confused him.	(ਰਾਜ ਦੇ ਮਦ ਵਿਚ) ਉਹ ਪਰਮਾਤਮਾ ਨੂੰ (ਕੁਝ ਭੀ) ਨਹੀਂ ਸੀ ਸਮਝਦਾ (ਪਰ ਉਸ ਦੇ ਭੀ ਕੀਹ ਵੱਸ?) ਉਸ ਕਰਤਾਰ ਨੇ (ਆਪ ਹੀ) ਉਸ ਨੂੰ ਕੁਰਾਹੇ ਪਾ ਰੱਖਿਆ ਸੀ।
49562	1154	ਪੁਤ੍ਰ ਪ੍ਰਹਲਾਦ ਸਿਉ ਵਾਦੁ ਰਚਾਇਆ॥		Puthr Prehalaadh Sio Vaadh Rachaaeiaa ||	He started an argument with his son Prahlaad.	(ਸੋ) ਉਸ ਨੇ (ਆਪਣੇ) ਪੁੱਤਰ ਪ੍ਰਹਲਾਦ ਨਾਲ ਝਗੜਾ ਖੜਾ ਕਰ ਲਿਆ।
49563	1154	ਅੰਧਾ ਨ ਬੂਝੈ ਕਾਲੁ ਨੇੜੈ ਆਇਆ॥੬॥		Andhhaa N Boojhai Kaal Naerrai Aaeiaa ||6||	The blind one did not understand that his death was approaching. ||6||	(ਰਾਜ ਦੇ ਮਦ ਵਿਚ) ਅੰਨ੍ਹਾ ਹੋਇਆ (ਹਰਨਾਖਸ਼ ਇਹ) ਨਹੀਂ ਸੀ ਸਮਝਦਾ (ਕਿ ਉਸ ਦੀ) ਮੌਤ ਨੇੜੇ ਆ ਗਈ ਹੈ ॥੬॥
49564	1154	ਪ੍ਰਹਲਾਦੁ ਕੋਠੇ ਵਿਚਿ ਰਾਖਿਆ ਬਾਰਿ ਦੀਆ ਤਾਲਾ॥		Prehalaadh Kothae Vich Raakhiaa Baar Dheeaa Thaalaa ||	Prahlaad was placed in a cell, and the door was locked.	(ਹਰਨਾਖਸ਼ ਨੇ) ਪ੍ਰਹਲਾਦ ਨੂੰ ਕੋਠੇ ਵਿਚ ਬੰਦ ਕਰਾ ਦਿੱਤਾ, ਤੇ ਦਰਵਾਜ਼ੇ ਨੂੰ ਜੰਦਰਾ ਲਵਾ ਦਿੱਤਾ।
49565	1154	ਨਿਰਭਉ ਬਾਲਕੁ ਮੂਲਿ ਨ ਡਰਈ ਮੇਰੈ ਅੰਤਰਿ ਗੁਰ ਗੋਪਾਲਾ॥		Nirabho Baalak Mool N Ddaree Maerai Anthar Gur Gopaalaa ||	The fearless child was not afraid at all. He said, ""Within my being, is the Guru, the Lord of the World.""	ਪਰ ਨਿਡਰ ਬਾਲਕ ਬਿਲਕੁਲ ਨਹੀਂ ਸੀ ਡਰਦਾ, (ਉਹ ਆਖਦਾ ਸੀ-) ਮੇਰਾ ਗੁਰੂ ਮੇਰਾ ਪਰਮਾਤਮਾ ਮੇਰੇ ਹਿਰਦੇ ਵਿਚ ਵੱਸਦਾ ਹੈ।

49566	1154	ਕੀਤਾ ਹੋਵੈ ਸਰੀਕੀ ਕਰੈ ਅਨਹੋਦਾ ਨਾਉ ਧਰਾਇਆ॥		Keethaa Hovai Sareekee Karai Anehodhaa Naao Dhharaaeiaa ||	The created being tried to compete with his Creator, but he assumed this name in vain.	ਪਰਮਾਤਮਾ ਦਾ ਪੈਦਾ ਕੀਤਾ ਹੋਇਆ ਜਿਹੜਾ ਮਨੁੱਖ ਪਰਮਾਤਮਾ ਨਾਲ ਬਰਾਬਰੀ ਕਰਨ ਲੱਗ ਪੈਂਦਾ ਹੈ, ਉਹ ਸਮਰਥਾ ਤੋਂ ਬਿਨਾ ਹੀ ਆਪਣਾ ਨਾਮ ਵੱਡਾ ਰਖਾ ਲੈਂਦਾ ਹੈ।
49567	1154	ਜੋ ਧੁਰਿ ਲਿਖਿਆ ਸੁੋ ਆਇ ਪਹੁਤਾ ਜਨ ਸਿਉ ਵਾਦੁ ਰਚਾਇਆ॥੭॥		Jo Dhhur Likhiaa Suo Aae Pahuthaa Jan Sio Vaadh Rachaaeiaa ||7||	That which was predestined for him has come to pass; he started an argument with the Lord's humble servant. ||7||	(ਹਰਨਾਖਸ਼ ਨੇ) ਪ੍ਰਭੂ ਦੇ ਭਗਤ ਨਾਲ ਝਗੜਾ ਛੇੜ ਲਿਆ। ਧੁਰ ਦਰਗਾਹ ਤੋਂ ਜੋ ਭਾਵੀ ਲਿਖੀ ਸੀ, ਉਸ ਦਾ ਵੇਲਾ ਆ ਪਹੁੰਚਿਆ ॥੭॥
49568	1154	ਪਿਤਾ ਪ੍ਰਹਲਾਦ ਸਿਉ ਗੁਰਜ ਉਠਾਈ॥		Pithaa Prehalaadh Sio Guraj Outhaaee ||	The father raised the club to strike down Prahlaad, saying,	ਸੋ, ਪਿਉ (ਹਰਨਾਖਸ਼) ਨੇ ਪ੍ਰਹਲਾਦ ਉੱਤੇ ਗੁਰਜ ਚੁੱਕੀ,
49569	1154	ਕਹਾਂ ਤੁਮ੍ਹਾਰਾ ਜਗਦੀਸ ਗੁਸਾਈ॥	ਗੁਸਾਂਈਂ	Kehaan Thumhaaraa Jagadhees Gusaaee ||	"Where is your God, the Lord of the Universe, now?"	(ਤੇ ਆਖਣ ਲੱਗਾ-ਦੱਸ) ਕਿੱਥੇ ਹੈ ਤੇਰਾ ਜਗਦੀਸ਼? ਕਿੱਥੇ ਹੈ ਤੇਰਾ ਗੁਸਾਈਂ? (ਜਿਹੜਾ ਤੈਨੂੰ ਹੁਣ ਬਚਾਏ)।
49570	1154	ਜਗਜੀਵਨੁ ਦਾਤਾ ਅੰਤਿ ਸਖਾਈ॥		Jagajeevan Dhaathaa Anth Sakhaaee ||	He replied, ""The Life of the World, the Great Giver, is my Help and Support in the end.	(ਪ੍ਰਹਲਾਦ ਨੇ ਉੱਤਰ ਦਿੱਤਾ-) ਜਗਤ ਦਾ ਆਸਰਾ ਦਾਤਾਰ ਪ੍ਰਭੂ ਹੀ ਆਖ਼ਰ (ਹਰੇਕ ਜੀਵ ਦਾ ਮਦਦਗਾਰ ਬਣਦਾ ਹੈ।

49571	1154	ਜਹ ਦੇਖਾ ਤਹ ਰਹਿਆ ਸਮਾਈ॥੮॥		Jeh Dhaekhaa Theh Rehiaa Samaaee ||8||	Wherever I look, I see Him permeating and prevailing.""||8||	ਮੈਂ ਤਾਂ ਜਿੱਧਰ ਵੇਖਦਾ ਹਾਂ, ਉਧਰ ਹੀ ਉਹ ਮੌਜੂਦ ਹੈ ॥੮॥
49572	1154	ਥੰਮ੍ਹ ਉਪਾੜਿ ਹਰਿ ਆਪੁ ਦਿਖਾਇਆ॥		Thhanmha Oupaarr Har Aap Dhikhaaeiaa ||	Tearing down the pillars, the Lord Himself appeared.	(ਉਸੇ ਵੇਲੇ) ਥੰਮ੍ਹਹ ਪਾੜ ਕੇ ਪਰਮਾਤਮਾ ਨੇ ਆਪਣੇ ਆਪ ਨੂੰ ਪਰਗਟ ਕਰ ਦਿੱਤਾ,
49573	1154	ਅਹੰਕਾਰੀ ਦੈਤੁ ਮਾਰਿ ਪਚਾਇਆ॥		Ahankaaree Dhaith Maar Pachaaeiaa ||	The egotistical demon was killed and destroyed.	(ਰਾਜ ਦੇ ਮਦ ਵਿਚ) ਮੱਤੇ ਹੋਏ (ਹਰਨਾਖਸ਼) ਦੈਂਤ ਨੂੰ ਮਾਰ ਮੁਕਾਇਆ।
49574	1154	ਭਗਤਾ ਮਨਿ ਆਨੰਦੁ ਵਜੀ ਵਧਾਈ॥		Bhagathaa Man Aanandh Vajee Vadhhaaee ||	The minds of the devotees were filled with bliss, and congratulations poured in.	ਭਗਤਾਂ ਦੇ ਮਨ ਵਿਚ (ਸਦਾ) ਆਨੰਦ (ਸਦਾ) ਚੜ੍ਹਦੀ ਕਲਾ ਬਣੀ ਰਹਿੰਦੀ ਹੈ।
49575	1154	ਅਪਨੇ ਸੇਵਕ ਕਉ ਦੇ ਵਡਿਆਈ॥੯॥		Apanae Saevak Ko Dhae Vaddiaaee ||9||	He blessed His servant with glorious greatness. ||9||	(ਭਗਤ ਜਾਣਦੇ ਹਨ ਕਿ) ਪਰਮਾਤਮਾ ਆਪਣੇ ਭਗਤ ਨੂੰ (ਲੋਕ ਪਰਲੋਕ ਵਿਚ) ਇੱਜ਼ਤ ਦੇਂਦਾ ਹੈ ॥੯॥
49576	1154	ਜੰਮਣੁ ਮਰਣਾ ਮੋਹੁ ਉਪਾਇਆ॥		Janman Maranaa Mohu Oupaaeiaa ||	He created birth, death and attachment.	ਕਰਤਾਰ ਨੇ ਆਪ ਹੀ ਜਨਮ ਮਰਨ ਦਾ ਗੇੜ ਬਣਾਇਆ ਹੈ, ਆਪ ਹੀ ਜੀਵਾਂ ਦੇ ਅੰਦਰ ਮਾਇਆ ਦਾ ਮੋਹ ਪੈਦਾ ਕੀਤਾ ਹੋਇਆ ਹੈ।

49577	1154	ਆਵਣੁ ਜਾਣਾ ਕਰਤੈ ਲਿਖਿ ਪਾਇਆ॥		Aavan Jaanaa Karathai Likh Paaeiaa ||	The Creator has ordained coming and going in reincarnation.	(ਜਗਤ ਵਿਚ) ਆਉਣਾ (ਜਗਤ ਤੋਂ) ਚਲੇ ਜਾਣਾ-ਇਹ ਲੇਖ ਕਰਤਾਰ ਨੇ ਆਪ ਹੀ ਹਰੇਕ ਜੀਵ ਦੇ ਮੱਥੇ ਉਤੇ ਲਿਖ ਰੱਖਿਆ ਹੈ।
49578	1154	ਪ੍ਰਹਲਾਦ ਕੈ ਕਾਰਜਿ ਹਰਿ ਆਪੁ ਦਿਖਾਇਆ॥		Prehalaadh Kai Kaaraj Har Aap Dhikhaaeiaa ||	For the sake of Prahlaad, the Lord Himself appeared.	(ਹਰਨਾਖਸ਼ ਦੇ ਕੀਹ ਵੱਸ?) ਪ੍ਰਹਲਾਦ ਦਾ ਕੰਮ ਸੰਵਾਰਨ ਵਾਸਤੇ ਪਰਮਾਤਮਾ ਨੇ ਆਪਣੇ ਆਪ ਨੂੰ (ਨਰਸਿੰਘ ਰੂਪ ਵਿਚ) ਪਰਗਟ ਕੀਤਾ।
49579	1154	ਭਗਤਾ ਕਾ ਬੋਲੁ ਆਗੈ ਆਇਆ॥੧੦॥		Bhagathaa Kaa Bol Aagai Aaeiaa ||10||	The word of the devotee came true. ||10||	(ਇਸ ਤਰ੍ਹਾਂ) ਭਗਤਾਂ ਦਾ ਬਚਨ ਪੂਰਾ ਹੋ ਗਿਆ (ਕਿ 'ਅਪੁਨੇ ਸੇਵਕ ਕਉ ਦੇ ਵਡਿਆਈ') ॥੧੦॥
49580	1154	ਦੇਵ ਕੁਲੀ ਲਖਿਮੀ ਕਉ ਕਰਹਿ ਜੈਕਾਰੁ॥	(ਦੇਵ) ਦੇਵਤਿਆਂ ਦੀ (ਕੁਲੀ) ਕੁਲ।ਲੱਖਿਮੀ	Dhaev Kulee Lakhimee Ko Karehi Jaikaar ||	The gods proclaimed the victory of Lakshmi, and said,	ਸਾਰੇ ਦੇਵਤਿਆਂ ਨੇ ਲੱਛਮੀ ਦੀ ਵਡਿਆਈ ਕੀਤੀ,
49581	1154	ਮਾਤਾ ਨਰਸਿੰਘ ਕਾ ਰੂਪੁ ਨਿਵਾਰੁ॥		Maathaa Narasingh Kaa Roop Nivaar ||	"O mother, make this form of the Man-lion disappear!"	O mother, let this horrible Manlion form disappear".
49582	1154	ਲਖਿਮੀ ਭਉ ਕਰੈ ਨ ਸਾਕੈ ਜਾਇ॥		Lakhimee Bho Karai N Saakai Jaae ||	Lakshmi was afraid, and did not approach.	(ਪਰ) ਲੱਛਮੀ ਭੀ ਡਰਦੀ ਸੀ, ਉਹ ਭੀ (ਨਰਸਿੰਘ ਦੇ ਨੇੜੇ) ਨਹੀਂ ਜਾ ਸਕਦੀ ਸੀ।

49583	1155	ਪ੍ਰਹਲਾਦੁ ਜਨੁ ਚਰਣੀ ਲਾਗਾ ਆਇ॥੧੧॥		Prehalaadh Jan Charanee Laagaa Aae ||11||	The humble servant Prahlaad came and fell at the Lord's Feet. ||11||	(ਪਰਮਾਤਮਾ ਦਾ) ਭਗਤ ਪ੍ਰਹਲਾਦ (ਨਰਸਿੰਘ ਦੀ) ਚਰਨੀਂ ਆ ਲੱਗਾ ॥੧੧॥
49584	1155	ਸਤਿਗੁਰਿ ਨਾਮੁ ਨਿਧਾਨੁ ਦ੍ਰਿੜਾਇਆ॥		Sathigur Naam Nidhhaan Dhrirraaeiaa ||	The True Guru implanted the treasure of the Naam within.	ਗੁਰੂ ਨੇ (ਜਿਸ ਮਨੁੱਖ ਦੇ ਹਿਰਦੇ ਵਿਚ) ਪਰਮਾਤਮਾ ਦਾ ਨਾਮ ਖ਼ਜ਼ਾਨਾ ਪੱਕਾ ਕਰ ਦਿੱਤਾ,
49585	1155	ਰਾਜੁ ਮਾਲੁ ਝੂਠੀ ਸਭ ਮਾਇਆ॥		Raaj Maal Jhoothee Sabh Maaeiaa ||	Power, property and all Maya is false.	(ਉਸ ਨੂੰ ਦਿੱਸ ਪੈਂਦਾ ਹੈ ਕਿ) ਦੁਨੀਆ ਦਾ ਰਾਜ ਮਾਲ ਤੇ ਸਾਰੀ ਮਾਇਆ-ਇਹ ਸਭ ਕੁਝ ਨਾਸਵੰਤ ਹੈ।
49586	1155	ਲੋਭੀ ਨਰ ਰਹੇ ਲਪਟਾਇ॥		Lobhee Nar Rehae Lapattaae ||	But still, the greedy people continue clinging to them.	ਪਰ ਲਾਲਚੀ ਬੰਦੇ ਸਦਾ ਇਸ ਨਾਲ ਹੀ ਚੰਬੜੇ ਰਹਿੰਦੇ ਹਨ।
49587	1155	ਹਰਿ ਕੇ ਨਾਮ ਬਿਨੁ ਦਰਗਹ ਮਿਲੈ ਸਜਾਇ ॥੧੨॥		Har Kae Naam Bin Dharageh Milai Sajaae ||12||	Without the Name of the Lord, the mortals are punished in His Court. ||12||	ਪਰਮਾਤਮਾ ਦੇ ਨਾਮ ਤੋਂ ਬਿਨਾ (ਉਹਨਾਂ ਨੂੰ) ਪਰਮਾਤਮਾ ਦੀ ਹਜ਼ੂਰੀ ਵਿਚ ਸਜ਼ਾ ਮਿਲਦੀ ਹੈ ॥੧੨॥
49588	1155	ਕਹੈ ਨਾਨਕੁ ਸਭੁ ਕੋ ਕਰੇ ਕਰਾਇਆ॥		Kehai Naanak Sabh Ko Karae Karaaeiaa ||	Says Nanak, everyone acts as the Lord makes them act.	ਨਾਨਕ ਆਖਦਾ ਹੈ ਕਿ (ਜੀਵਾਂ ਦੇ ਭੀ ਕੀਹ ਵੱਸ?) ਹਰੇਕ ਜੀਵ ਪਰਮਾਤਮਾ ਦਾ ਪ੍ਰੇਰਿਆ ਹੋਇਆ ਹੀ ਕਰਦਾ ਹੈ।

49589	1155	ਸੇ ਪਰਵਾਣੁ ਜਿਨੀ ਹਰਿ ਸਿਉ ਚਿਤੁ ਲਾਇਆ॥		Sae Paravaan Jinee Har Sio Chith Laaeiaa ||	They alone are approved and accepted, who focus their consciousness on the Lord.	ਜਿਨ੍ਹਾਂ ਨੇ (ਇਥੇ) ਪਰਮਾਤਮਾ (ਦੇ ਨਾਮ) ਨਾਲ ਚਿੱਤ ਜੋੜਿਆ, ਉਹ ਪ੍ਰਭੂ ਦੀ ਹਜ਼ੂਰੀ ਵਿਚ ਕਬੂਲ ਹੋ ਗਏ।
49590	1155	ਭਗਤਾ ਕਾ ਅੰਗੀਕਾਰੁ ਕਰਦਾ ਆਇਆ॥		Bhagathaa Kaa Angeekaar Karadhaa Aaeiaa ||	He has made His devotees His Own.	ਧੁਰ ਤੋਂ ਹੀ ਪਰਮਾਤਮਾ ਆਪਣੇ ਭਗਤਾਂ ਦਾ ਪੱਖ ਕਰਦਾ ਆ ਰਿਹਾ ਹੈ।
49591	1155	ਕਰਤੈ ਅਪਣਾ ਰੂਪੁ ਦਿਖਾਇਆ॥੧੩॥੧॥੨॥		Karathai Apanaa Roop Dhikhaaeiaa ||13||1||2||	The Creator has appeared in His Own Form. ||13||1||2||	ਕਰਤਾਰ ਨੇ (ਸਦਾ ਹੀ ਆਪਣੇ ਭਗਤਾਂ ਨੂੰ) ਆਪਣਾ ਦਰਸਨ ਦਿੱਤਾ ਹੈ (ਤੇ ਉਹਨਾਂ ਦੀ ਸਹਾਇਤਾ ਕੀਤੀ ਹੈ) ॥੧੩॥੧॥੨॥
49592	1155	ਭੈਰਉ ਮਹਲਾ ੩॥		Bhairo Mehalaa 3 ||	Bhairao, Third Mehl:	
49593	1155	ਗੁਰ ਸੇਵਾ ਤੇ ਅੰਮ੍ਰਿਤ ਫਲੁ ਪਾਇਆ ਹਉਮੈ ਤ੍ਰਿਸਨ ਬੁਝਾਈ॥	(ਬੁਝਾਈ) ਪਾਈ	Gur Saevaa Thae Anmrith Fal Paaeiaa Houmai Thrisan Bujhaaee ||	Serving the Guru, I obtain the Ambrosial Fruit; my egotism and desire have been quenched.	ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਫਲ ਪ੍ਰਾਪਤ ਕਰ ਲਿਆ, ਉਸ ਨੇ (ਆਪਣੇ ਅੰਦਰੋਂ) ਹਉਮੈ ਅਤੇ ਤ੍ਰਿਸ਼ਨਾ (ਦੀ ਅੱਗ) ਬੁਝਾ ਲਈ।

49594	1155	ਹਰਿ ਕਾ ਨਾਮੁ ਹ੍ਰਿਦੈ ਮਨਿ ਵਸਿਆ ਮਨਸਾ ਮਨਹਿ ਸਮਾਈ॥੧॥		Har Kaa Naam Hridhai Man Vasiaa Manasaa Manehi Samaaee ||1||	The Name of the Lord dwells within my heart and mind, and the desires of my mind are quieted. ||1||	ਪਰਮਾਤਮਾ ਦਾ ਨਾਮ ਉਸ ਦੇ ਹਿਰਦੇ ਵਿਚ ਉਸ ਦੇ ਮਨ ਵਿਚ ਵੱਸ ਪਿਆ, ਉਸ ਦੇ ਮਨ ਦਾ (ਮਾਇਕ) ਫੁਰਨਾ ਮਨ ਵਿਚ ਹੀ ਲੀਨ ਹੋ ਗਿਆ ॥੧॥
49595	1155	ਹਰਿ ਜੀਉ ਕ੍ਰਿਪਾ ਕਰਹੁ ਮੇਰੇ ਪਿਆਰੇ॥		Har Jeeo Kirapaa Karahu Maerae Piaarae ||	O Dear Lord, my Beloved, please bless me with Your Mercy.	ਹੇ ਮੇਰੇ ਪਿਆਰੇ ਪ੍ਰਭੂ ਜੀ! (ਮੈਂ ਗਰੀਬ ਉਤੇ) ਮਿਹਰ ਕਰ।
49596	1155	ਅਨ ਦਿਨੁ ਹਰਿ ਗੁਣ ਦੀਨ ਜਨੁ ਮਾਂਗੈ ਗੁਰ ਕੈ ਸਬਦਿ ਉਧਾਰੇ॥੧॥ਰਹਾਉ॥		Anadhin Har Gun Dheen Jan Maangai Gur Kai Sabadh Oudhhaarae ||1|| Rehaao ||	Night and day, Your humble servant begs for Your Glorious Praises; through the Word of the Guru's Shabad, he is saved. ||1||Pause||	(ਤੇਰੇ ਦਰ ਦਾ) ਗਰੀਬ ਸੇਵਕ (ਤੈਥੋਂ) ਹਰ ਵੇਲੇ ਤੇਰੇ ਗੁਣ (ਗਾਣ ਦੀ ਦਾਤਿ) ਮੰਗਦਾ ਹੈ। ਹੇ ਪ੍ਰਭੂ! ਮੈਨੂੰ ਗੁਰੂ ਦੇ ਸ਼ਬਦ ਦੀ ਰਾਹੀਂ (ਵਿਕਾਰਾਂ ਤੋਂ) ਬਚਾਈ ਰੱਖ ॥੧॥ ਰਹਾਉ ॥
49597	1155	ਸੰਤ ਜਨਾ ਕਉ ਜਮੁ ਜੋਹਿ ਨ ਸਾਕੈ ਰਤੀ ਅੰਚ ਦੂਖ ਨ ਲਾਈ॥		Santh Janaa Ko Jam Johi N Saakai Rathee Anch Dhookh N Laaee ||	The Messenger of Death cannot even touch the humble Saints; it does not cause them even an iota of suffering or pain.	ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦਿਆਂ ਵਲ ਜਮਰਾਜ (ਭੀ) ਤੱਕ ਨਹੀਂ ਸਕਦਾ, (ਦੁਨੀਆ ਦੇ) ਦੁੱਖਾਂ ਦਾ ਰਤਾ ਭਰ ਭੀ ਸੇਕ (ਉਹਨਾਂ ਨੂੰ) ਲਾ ਨਹੀਂ ਸਕਦਾ।

49598	1155	ਆਪਿ ਤਰਹਿ ਸਗਲੇ ਕੁਲ ਤਾਰਹਿ ਜੋ ਤੇਰੀ ਸਰਣਾਈ॥੨॥		Aap Tharehi Sagalae Kul Thaarehi Jo Thaeree Saranaaee ||2||	Those who enter Your Sanctuary, Lord, save themselves, and save all their ancestors as well. ||2||	ਹੇ ਪ੍ਰਭੂ! ਜਿਹੜੇ ਮਨੁੱਖ ਤੇਰੀ ਸਰਨ ਆ ਪੈਂਦੇ ਹਨ, ਉਹ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ, ਆਪਣੀਆਂ ਸਾਰੀਆਂ ਕੁਲਾਂ ਨੂੰ ਭੀ ਪਾਰ ਲੰਘਾ ਲੈਂਦੇ ਹਨ ॥੨॥
49599	1155	ਭਗਤਾ ਕੀ ਪੈਜ ਰਖਹਿ ਤੂ ਆਪੇ ਏਹ ਤੇਰੀ ਵਡਿਆਈ॥		Bhagathaa Kee Paij Rakhehi Thoo Aapae Eaeh Thaeree Vaddiaaee ||	You Yourself save the honor of Your devotees; this is Your Glory, O Lord.	ਹੇ ਪ੍ਰਭੂ! ਆਪਣੇ ਭਗਤਾਂ ਦੀ (ਲੋਕ ਪਰਲੋਕ ਵਿਚ) ਇੱਜ਼ਤ ਤੂੰ ਆਪ ਹੀ ਰੱਖਦਾ ਹੈਂ, ਇਹ ਤੇਰੀ ਬਜ਼ੁਰਗੀ ਹੈ।
49600	1155	ਜਨਮ ਜਨਮ ਕੇ ਕਿਲਵਿਖ ਦੁਖ ਕਾਟਹਿ ਦੁਬਿਧਾ ਰਤੀ ਨ ਰਾਈ॥੩॥		Janam Janam Kae Kilavikh Dhukh Kaattehi Dhubidhhaa Rathee N Raaee ||3||	You cleanse them of the sins and the pains of countless incarnations; You love them without even an iota of duality. ||3||	ਤੂੰ ਉਹਨਾਂ ਦੇ (ਪਿਛਲੇ) ਅਨੇਕਾਂ ਹੀ ਜਨਮਾਂ ਦੇ ਪਾਪ ਤੇ ਦੁੱਖ ਕੱਟ ਦੇਂਦਾ ਹੈਂ, ਉਹਨਾਂ ਦੇ ਅੰਦਰ ਰਤਾ ਭਰ ਰਾਈ ਭਰ ਭੀ ਮੇਰ-ਤੇਰ ਨਹੀਂ ਰਹਿ ਜਾਂਦੀ ॥੩॥
49601	1155	ਹਮ ਮੂੜ ਮੁਗਧ ਕਿਛੁ ਬੂਝਹਿ ਨਾਹੀ ਤੂ ਆਪੇ ਦੇਹਿ ਬੁਝਾਈ॥		Ham Moorr Mugadhh Kishh Boojhehi Naahee Thoo Aapae Dhaehi Bujhaaee ||	I am foolish and ignorant, and understand nothing. You Yourself bless me with understanding.	ਅਸੀਂ (ਜੀਵ) ਮੂਰਖ ਹਾਂ ਅੰਞਾਣ ਹਾਂ, ਅਸੀਂ (ਆਤਮਕ ਜੀਵਨ ਦਾ ਸਹੀ ਰਸਤਾ) (ਰਤਾ ਭੀ) ਨਹੀਂ ਸਮਝਦੇ, ਤੂੰ ਆਪ ਹੀ (ਸਾਨੂੰ ਇਹ) ਸਮਝ ਦੇਂਦਾ ਹੈਂ।

49602	1155	ਜੋ ਤੁਧੁ ਭਾਵੈ ਸੋਈ ਕਰਸੀ ਅਵਰੁ ਨ ਕਰਣਾ ਜਾਈ॥੪॥		Jo Thudhh Bhaavai Soee Karasee Avar N Karanaa Jaaee ||4||	You do whatever You please; nothing else can be done at all. ||4||	ਹੇ ਪ੍ਰਭੂ! ਜਿਹੜਾ ਕੰਮ ਤੈਨੂੰ ਚੰਗਾ ਲੱਗਦਾ ਹੈ, ਉਹੀ (ਹਰੇਕ ਜੀਵ) ਕਰਦਾ ਹੈ, (ਉਸ ਤੋਂ ਉਲਟ) ਹੋਰ ਕੋਈ ਕੰਮ ਨਹੀਂ ਕੀਤਾ ਜਾ ਸਕਦਾ ॥੪॥
49603	1155	ਜਗਤੁ ਉਪਾਇ ਤੁਧੁ ਧੰਧੈ ਲਾਇਆ ਭੂੰਡੀ ਕਾਰ ਕਮਾਈ॥	ਜੱਗਤੁ	Jagath Oupaae Thudhh Dhhandhhai Laaeiaa Bhoonddee Kaar Kamaaee ||	Creating the world, You have linked all to their tasks - even the evil deeds which men do.	ਹੇ ਪ੍ਰਭੂ! (ਤੂੰ ਆਪ ਹੀ) ਜਗਤ ਨੂੰ ਪੈਦਾ ਕਰ ਕੇ (ਤੂੰ ਆਪ ਹੀ ਇਸ ਨੂੰ ਮਾਇਆ ਦੇ) ਧੰਧੇ ਵਿਚ ਲਾ ਰੱਖਿਆ ਹੈ, (ਤੇਰੀ ਪ੍ਰੇਰਨਾ ਨਾਲ ਹੀ ਜਗਤ ਮਾਇਆ ਦੇ ਮੋਹ ਦੀ) ਭੈੜੀ ਕਾਰ ਕਰ ਰਿਹਾ ਹੈ।
49604	1155	ਜਨਮੁ ਪਦਾਰਥੁ ਜੂਐ ਹਾਰਿਆ ਸਬਦੈ ਸੁਰਤਿ ਨ ਪਾਈ॥੫॥		Janam Padhaarathh Jooai Haariaa Sabadhai Surath N Paaee ||5||	They lose this precious human life in the gamble, and do not understand the Word of the Shabad. ||5||	(ਮਾਇਆ ਦੇ ਮੋਹ ਵਿਚ ਫਸ ਕੇ ਜਗਤ ਨੇ) ਕੀਮਤੀ ਮਨੁੱਖਾ ਜਨਮ ਨੂੰ (ਜੁਆਰੀਏ ਵਾਂਗ) ਜੂਏ ਵਿਚ ਹਾਰ ਦਿੱਤਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ (ਜਗਤ ਨੇ) ਆਮਤਕ ਜੀਵਨ ਦੀ ਸੂਝ ਹਾਸਲ ਨਹੀਂ ਕੀਤੀ ॥੫॥

49605	1155	ਮਨਮੁਖਿ ਮਰਹਿ ਤਿਨ ਕਿਛੁ ਨ ਸੂਝੈ ਦੁਰਮਤਿ ਅਗਿਆਨ ਅੰਧਾਰਾ॥	ਮਰ-ਹਿ	Manamukh Marehi Thin Kishhoo N Soojhai Dhuramath Agiaan Andhhaaraa ||	The self-willed manmukhs die, understanding nothing; they are enveloped by the darkness of evil-mindedness and ignorance.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਆਤਮਕ ਮੌਤ ਸਹੇੜ ਲੈਂਦੇ ਹਨ, ਉਹਨਾਂ ਨੂੰ ਆਤਮਕ ਜੀਵਨ ਦੀ ਰਤਾ ਭੀ ਸਮਝ ਨਹੀਂ ਪੈਂਦੀ। ਭੈੜੀ ਮੱਤ ਦਾ, ਆਤਮਕ ਜੀਵਨ ਵਲੋਂ ਬੇ-ਸਮਝੀ ਦਾ (ਉਹਨਾਂ ਦੇ ਅੰਦਰ) ਹਨੇਰਾ ਪਿਆ ਰਹਿੰਦਾ ਹੈ।
49606	1155	ਭਵਜਲੁ ਪਾਰਿ ਨ ਪਾਵਹਿ ਕਬ ਹੀ ਡੂਬਿ ਮੁਏ ਬਿਨੁ ਗੁਰ ਸਿਰਿ ਭਾਰਾ॥੬॥		Bhavajal Paar N Paavehi Kab Hee Ddoob Mueae Bin Gur Sir Bhaaraa ||6||	They do not cross over the terrible world-ocean; without the Guru, they drown and die. ||6||	ਉਹ ਮਨੁੱਖ ਗੁਰੂ ਦੀ ਸਰਨ ਪੈਣ ਤੋਂ ਬਿਨਾ ਵਿਕਾਰਾਂ ਵਿਚ ਸਿਰ-ਪਰਨੇ ਡੁੱਬ ਕੇ ਆਤਮਕ ਮੌਤ ਸਹੇੜ ਲੈਂਦੇ ਹਨ, ਉਹ ਕਦੇ ਭੀ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘ ਸਕਦੇ ॥੬॥
49607	1155	ਸਾਚੈ ਸਬਦਿ ਰਤੇ ਜਨ ਸਾਚੇ ਹਰਿ ਪ੍ਰਭਿ ਆਪਿ ਮਿਲਾਏ॥		Saachai Sabadh Rathae Jan Saachae Har Prabh Aap Milaaeae ||	True are those humble beings who are imbued with the True Shabad; the Lord God unites them with Himself.	ਜਿਹੜੇ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਰੰਗੇ ਰਹਿੰਦੇ ਹਨ ਉਹ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦੇ ਹਨ। ਪ੍ਰਭੂ ਨੇ ਆਪ ਹੀ ਉਹਨਾਂ ਨੂੰ ਆਪਣੇ ਨਾਲ ਮਿਲਾ ਲਿਆ ਹੁੰਦਾ ਹੈ।

49608	1155	ਗੁਰ ਕੀ ਬਾਣੀ ਸਬਦਿ ਪਛਾਤੀ ਸਾਚਿ ਰਹੇ ਲਿਵ ਲਾਏ॥੭॥		Gur Kee Baanee Sabadh Pashhaathee Saach Rehae Liv Laaeae ||7||	Through the Word of the Guru's Bani, they come to understand the Shabad. They remain lovingly focused on the True Lord. ||7||	ਗੁਰੂ ਦੇ ਸ਼ਬਦ ਦੀ ਰਾਹੀਂ ਉਹਨਾਂ ਨੇ ਗੁਰੂ ਦੇ ਆਤਮ-ਤਰੰਗ ਨਾਲ ਸਾਂਝ ਪਾ ਲਈ ਹੁੰਦੀ ਹੈ। ਉਹ ਮਨੁੱਖ ਸਦਾ-ਥਿਰ ਪ੍ਰਭੂ ਵਿਚ ਸੁਰਤ ਜੋੜੀ ਰੱਖਦੇ ਹਨ ॥੭॥
49609	1155	ਤੂੰ ਆਪਿ ਨਿਰਮਲੁ ਤੇਰੇ ਜਨ ਹੈ ਨਿਰਮਲ ਗੁਰ ਕੈ ਸਬਦਿ ਵੀਚਾਰੇ॥		Thoon Aap Niramal Thaerae Jan Hai Niramal Gur Kai Sabadh Veechaarae ||	You Yourself are Immaculate and Pure, and pure are Your humble servants who contemplate the Word of the Guru's Shabad.	ਹੇ ਪ੍ਰਭੂ! ਤੂੰ ਆਪ ਪਵਿੱਤਰ ਸਰੂਪ ਹੈਂ। ਤੇਰੇ ਸੇਵਕ ਗੁਰੂ ਦੇ ਸ਼ਬਦ ਦੀ ਰਾਹੀਂ (ਤੇਰੇ ਗੁਣਾਂ ਦਾ) ਵਿਚਾਰ ਕਰ ਕੇ ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ।
49610	1155	ਨਾਨਕੁ ਤਿਨ ਕੈ ਸਦ ਬਲਿਹਾਰੈ ਰਾਮ ਨਾਮੁ ਉਰਿ ਧਾਰੇ॥੮॥੨॥੩॥		Naanak Thin Kai Sadh Balihaarai Raam Naam Our Dhhaarae ||8||2||3||	Nanak is forever a sacrifice to those, who enshrine the Lord's Name within their hearts. ||8||2||3||	ਨਾਨਕ ਉਹਨਾਂ ਮਨੁੱਖਾਂ ਤੋਂ ਸਦਾ ਸਦਕੇ ਜਾਂਦਾ ਹੈ, ਜਿਹੜੇ ਪਰਮਾਤਮਾ ਦਾ ਨਾਮ (ਆਪਣੇ) ਹਿਰਦੇ ਵਿਚ ਵਸਾਈ ਰੱਖਦੇ ਹਨ ॥੮॥੨॥੩॥
49611	1155	ਭੈਰਉ ਮਹਲਾ ੫ ਅਸਟਪਦੀਆ ਘਰੁ ੨	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Bhairo Mehalaa 5 Asattapadheeaa Ghar 2	Bhairao, Fifth Mehl, Ashtapadees, Second House:	ਰਾਗ ਭੈਰਉ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
49612	1155	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

49613	1155	ਜਿਸੁ ਨਾਮੁ ਰਿਦੈ ਸੋਈ ਵਡ ਰਾਜਾ॥		Jis Naam Ridhai Soee Vadd Raajaa ||	He alone is a great king, who keeps the Naam, the Name of the Lord, within his heart.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ ਉਹੀ (ਸਭ ਰਾਜਿਆਂ ਤੋਂ) ਵੱਡਾ ਰਾਜਾ ਹੈ।
49614	1155	ਜਿਸੁ ਨਾਮੁ ਰਿਦੈ ਤਿਸੁ ਪੂਰੇ ਕਾਜਾ॥		Jis Naam Ridhai This Poorae Kaajaa ||	One who keeps the Naam in his heart - his tasks are perfectly accomplished.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ ਉਸ ਮਨੁੱਖ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ।
49615	1155	ਜਿਸੁ ਨਾਮੁ ਰਿਦੈ ਤਿਨਿ ਕੋਟਿ ਧਨ ਪਾਏ॥		Jis Naam Ridhai Thin Kott Dhhan Paaeae ||	One who keeps the Naam in his heart, obtains millions of treasures.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ ਉਸ ਨੇ (ਮਾਨੋ) ਕ੍ਰੋੜਾਂ ਕਿਸਮਾਂ ਦੇ ਧਨ ਪ੍ਰਾਪਤ ਕਰ ਲਏ।
49616	1155	ਨਾਮ ਬਿਨਾ ਜਨਮੁ ਬਿਰਥਾ ਜਾਏ॥੧॥		Naam Binaa Janam Birathhaa Jaaeae ||1||	Without the Naam, life is useless. ||1||	ਪਰਮਾਤਮਾ ਦੇ ਨਾਮ ਤੋਂ ਬਿਨਾ ਮਨੁੱਖ ਦਾ ਜੀਵਨ ਵਿਅਰਥ ਚਲਾ ਜਾਂਦਾ ਹੈ ॥੧॥
49617	1155	ਤਿਸੁ ਸਾਲਾਹੀ ਜਿਸੁ ਹਰਿ ਧਨੁ ਰਾਸਿ॥		This Saalaahee Jis Har Dhhan Raas ||	I praise that person, who has the capital of the Lord's Wealth.	ਮੈਂ ਉਸ ਮਨੁੱਖ ਨੂੰ ਵਡਿਆਉਂਦਾ ਹਾਂ ਜਿਸ ਦੇ ਪਾਸ ਪਰਮਾਤਮਾ ਦਾ ਨਾਮ-ਧਨ ਸਰਮਾਇਆ ਹੈ।
49618	1155	ਸੋ ਵਡਭਾਗੀ ਜਿਸੁ ਗੁਰ ਮਸਤਕਿ ਹਾਥੁ॥੧॥ਰਹਾਉ॥		So Vaddabhaagee Jis Gur Masathak Haathh ||1|| Rehaao ||	He is very fortunate, on whose forehead the Guru has placed His Hand. ||1||Pause||	ਜਿਸ ਮਨੁੱਖ ਦੇ ਮੱਥੇ ਉੱਤੇ ਗੁਰੂ ਦਾ ਹੱਥ ਟਿਕਿਆ ਹੋਇਆ ਹੋਵੇ, ਉਹ ਵੱਡੇ ਭਾਗਾਂ ਵਾਲਾ ਹੈ ॥੧॥ ਰਹਾਉ ॥

49619	1155	ਜਿਸੁ ਨਾਮੁ ਰਿਦੈ ਤਿਸੁ ਕੋਟ ਕਈ ਸੈਨਾ॥		Jis Naam Ridhai This Kott Kee Sainaa ||	One who keeps the Naam in his heart, has many millions of armies on his side.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ, ਉਹ (ਮਾਨੋ) ਕਈ ਕਿਲ੍ਹਿਆਂ ਤੇ ਫ਼ੌਜਾਂ (ਦਾ ਮਾਲਕ ਹੋ ਜਾਂਦਾ ਹੈ)
49620	1155	ਜਿਸੁ ਨਾਮੁ ਰਿਦੈ ਤਿਸੁ ਸਹਜ ਸੁਖੈਨਾ॥		Jis Naam Ridhai This Sehaj Sukhainaa ||	One who keeps the Naam in his heart, enjoys peace and poise.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ ਉਸ ਨੂੰ ਆਤਮਕ ਅਡੋਲਤਾ ਦੇ ਸਾਰੇ ਸੁਖ ਮਿਲ ਜਾਂਦੇ ਹਨ।
49621	1156	ਜਿਸੁ ਨਾਮੁ ਰਿਦੈ ਸੋ ਸੀਤਲੁ ਹੂਆ॥		Jis Naam Ridhai So Seethal Hooaa ||	One who keeps the Naam in his heart becomes cool and calm.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ ਉਸ ਦਾ ਹਿਰਦਾ (ਪੂਰਨ ਤੌਰ ਤੇ) ਸ਼ਾਂਤ ਰਹਿੰਦਾ ਹੈ।
49622	1156	ਨਾਮ ਬਿਨਾ ਧ੍ਰਿਗੁ ਜੀਵਣੁ ਮੂਆ॥੨॥		Naam Binaa Dhhrig Jeevan Mooaa ||2||	Without the Naam, both life and death are cursed. ||2||	ਪਰਮਾਤਮਾ ਦੇ ਨਾਮ ਤੋਂ ਬਿਨਾ ਮਨੁੱਖ ਆਤਮਕ ਮੌਤ ਸਹੇੜ ਲੈਂਦਾ ਹੈ ਉਸ ਦਾ ਜੀਵਨ ਫਿਟਕਾਰ-ਜੋਗ ਹੋ ਜਾਂਦਾ ਹੈ ॥੨॥
49623	1156	ਜਿਸੁ ਨਾਮੁ ਰਿਦੈ ਸੋ ਜੀਵਨ ਮੁਕਤਾ॥		Jis Naam Ridhai So Jeevan Mukathaa ||	One who keeps the Naam in his heart is Jivan-mukta, liberated while yet alive.	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ, ਉਹ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿੰਦਾ ਹੈ।
49624	1156	ਜਿਸੁ ਨਾਮੁ ਰਿਦੈ ਤਿਸੁ ਸਭ ਹੀ ਜੁਗਤਾ॥		Jis Naam Ridhai This Sabh Hee Jugathaa ||	One who keeps the Naam in his heart knows all ways and means.	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ ਉਸ ਨੂੰ ਸੁਚੱਜੇ ਜੀਵਨ ਦੀ ਸਾਰੀ ਜਾਚ ਆ ਜਾਂਦੀ ਹੈ।

49625	1156	ਜਿਸੁ ਨਾਮੁ ਰਿਦੈ ਤਿਨਿ ਨਉ ਨਿਧਿ ਪਾਈ॥		Jis Naam Ridhai Thin No Nidhh Paaee ||	One who keeps the Naam in his heart obtains the nine treasures.	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ, ਉਸ ਮਨੁੱਖ ਨੇ (ਮਾਨੋ, ਧਰਤੀ ਦੇ ਸਾਰੇ ਹੀ) ਨੌ ਖ਼ਜ਼ਾਨੇ ਪ੍ਰਾਪਤ ਕਰ ਲਏ ਹੁੰਦੇ ਹਨ।
49626	1156	ਨਾਮ ਬਿਨਾ ਭ੍ਰਮਿ ਆਵੈ ਜਾਈ॥੩॥		Naam Binaa Bhram Aavai Jaaee ||3||	Without the Naam, the mortal wanders, coming and going in reincarnation. ||3||	ਪਰਮਾਤਮਾ ਦੇ ਨਾਮ ਤੋਂ ਬਿਨਾ ਮਨੁੱਖ ਮਾਇਆ ਦੀ ਭਟਕਣਾ ਵਿਚ ਪੈ ਕੇ ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ ॥੩॥
49627	1156	ਜਿਸੁ ਨਾਮੁ ਰਿਦੈ ਸੋ ਵੇਪਰਵਾਹਾ॥		Jis Naam Ridhai So Vaeparavaahaa ||	One who keeps the Naam in his heart is carefree and independent.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਉਹ ਬੇ-ਮੁਥਾਜ ਟਿਕਿਆ ਰਹਿੰਦਾ ਹੈ।
49628	1156	ਜਿਸੁ ਨਾਮੁ ਰਿਦੈ ਤਿਸੁ ਸਦ ਹੀ ਲਾਹਾ॥		Jis Naam Ridhai This Sadh Hee Laahaa ||	One who keeps the Naam in his heart always earns a profit.	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ (ਉਹ ਕਿਸੇ ਦੀ ਖ਼ੁਸ਼ਾਮਦ ਨਹੀਂ ਕਰਦਾ), ਉਸ ਨੂੰ ਉੱਚੇ ਆਤਮਕ ਜੀਵਨ ਦੀ ਖੱਟੀ ਸਦਾ ਹੀ ਪ੍ਰਾਪਤ ਰਹਿੰਦੀ ਹੈ।
49629	1156	ਜਿਸੁ ਨਾਮੁ ਰਿਦੈ ਤਿਸੁ ਵਡ ਪਰਵਾਰਾ॥		Jis Naam Ridhai This Vadd Paravaaraa ||	One who keeps the Naam in his heart has a large family.	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ ਉਸ ਮਨੁੱਖ ਦਾ ਵੱਡਾ ਪਰਵਾਰ ਬਣ ਜਾਂਦਾ ਹੈ (ਭਾਵ, ਸਾਰਾ ਜਗਤ ਹੀ ਉਸ ਨੂੰ ਆਪਣਾ ਦਿੱਸਦਾ ਹੈ)।

49630	1156	ਨਾਮ ਬਿਨਾ ਮਨਮੁਖ ਗਾਵਾਰਾ॥੪॥		Naam Binaa Manamukh Gaavaaraa ||4||	Without the Naam, the mortal is just an ignorant, self-willed manmukh. ||4||	ਪਰਮਾਤਮਾ ਦੇ ਨਾਮ ਤੋਂ ਬਿਨਾ ਮਨੁੱਖ ਆਪਣੇ ਮਨ ਦਾ ਮੁਰੀਦ ਬਣ ਜਾਂਦਾ ਹੈ, (ਜੀਵਨ-ਜਾਚ ਵਲੋਂ) ਮੂਰਖ ਹੀ ਰਹਿ ਜਾਂਦਾ ਹੈ ॥੪॥
49631	1156	ਜਿਸੁ ਨਾਮੁ ਰਿਦੈ ਤਿਸੁ ਨਿਹਚਲ ਆਸਨੁ॥		Jis Naam Ridhai This Nihachal Aasan ||	One who keeps the Naam in his heart has a permanent position.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਉਸ ਦਾ ਹਿਰਦਾ-ਤਖ਼ਤ ਮਾਇਆ ਦੇ ਹੱਲਿਆਂ ਵਲੋਂ ਅਡੋਲ ਹੋ ਜਾਂਦਾ ਹੈ।
49632	1156	ਜਿਸੁ ਨਾਮੁ ਰਿਦੈ ਤਿਸੁ ਤਖਤਿ ਨਿਵਾਸਨੁ॥		Jis Naam Ridhai This Thakhath Nivaasan ||	One who keeps the Naam in his heart is seated on the throne.	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ (ਆਤਮਕ ਅਡੋਲਤਾ ਦੇ ਉੱਚੇ) ਤਖ਼ਤ ਉੱਤੇ ਉਸ ਦਾ (ਸਦਾ ਲਈ) ਨਿਵਾਸ ਹੋ ਜਾਂਦਾ ਹੈ।
49633	1156	ਜਿਸੁ ਨਾਮੁ ਰਿਦੈ ਸੋ ਸਾਚਾ ਸਾਹੁ॥		Jis Naam Ridhai So Saachaa Saahu ||	One who keeps the Naam in his heart is the true king.	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਨਾਮ-ਧਨ ਦਾ ਸ਼ਾਹ ਬਣ ਜਾਂਦਾ ਹੈ।
49634	1156	ਨਾਮ ਹੀਣ ਨਾਹੀ ਪਤਿ ਵੇਸਾਹੁ॥੫॥		Naameheen Naahee Path Vaesaahu ||5||	Without the Naam, no one has any honor or respect. ||5||	ਨਾਮ ਤੋਂ ਸੱਖਣੇ ਮਨੁੱਖ ਦੀ ਨਾਹ ਕਿਤੇ ਇੱਜ਼ਤ ਹੁੰਦੀ ਹੈ, ਨਾਹ ਕਿਤੇ ਇਤਬਾਰ ਬਣਦਾ ਹੈ ॥੫॥
49635	1156	ਜਿਸੁ ਨਾਮੁ ਰਿਦੈ ਸੋ ਸਭ ਮਹਿ ਜਾਤਾ॥		Jis Naam Ridhai So Sabh Mehi Jaathaa ||	One who keeps the Naam in his heart is famous everywhere.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਉਹ ਸਭ ਲੋਕਾਂ ਵਿਚ ਸੋਭਾ ਖੱਟਦਾ ਹੈ।

49636	1156	ਜਿਸੁ ਨਾਮੁ ਰਿਦੈ ਸੋ ਪੁਰਖੁ ਬਿਧਾਤਾ॥		Jis Naam Ridhai So Purakh Bidhhaathaa ||	One who keeps the Naam in his heart is the Embodiment of the Creator Lord.	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ ਉਹ ਮਨੁੱਖ ਸਰਬ-ਵਿਆਪਕ ਸਿਰਜਣਹਾਰ ਦਾ ਰੂਪ ਹੋ ਜਾਂਦਾ ਹੈ।
49637	1156	ਜਿਸੁ ਨਾਮੁ ਰਿਦੈ ਸੋ ਸਭ ਤੇ ਊਚਾ॥		Jis Naam Ridhai So Sabh Thae Oochaa ||	One who keeps the Naam in his heart is the highest of all.	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ ਉਹ ਸਭ ਤੋਂ ਉੱਚੇ ਆਤਮਕ ਜੀਵਨ ਵਾਲਾ ਬਣ ਜਾਂਦਾ ਹੈ।
49638	1156	ਨਾਮ ਬਿਨਾ ਭ੍ਰਮਿ ਜੋਨੀ ਮੂਚਾ॥੬॥		Naam Binaa Bhram Jonee Moochaa ||6||	Without the Naam, the mortal wanders in reincarnation. ||6||	ਪਰਮਾਤਮਾ ਦੇ ਨਾਮ ਤੋਂ ਬਿਨਾ ਮਨੁੱਖ ਅਨੇਕਾਂ ਜੂਨਾਂ ਵਿਚ ਭਟਕਦਾ ਹੈ ॥੬॥
49639	1156	ਜਿਸੁ ਨਾਮੁ ਰਿਦੈ ਤਿਸੁ ਪ੍ਰਗਟਿ ਪਹਾਰਾ॥		Jis Naam Ridhai This Pragatt Pehaaraa ||	One who keeps the Naam in his heart sees the Lord manifested in His Creation.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਉਸ ਦੀ ਆਤਮਕ ਜੀਵਨ ਦੀ ਘਾੜਤ ਦੀ ਮਿਹਨਤ (ਸਭ ਥਾਂ) ਪਰਗਟ ਹੋ ਜਾਂਦੀ ਹੈ।
49640	1156	ਜਿਸੁ ਨਾਮੁ ਰਿਦੈ ਤਿਸੁ ਮਿਟਿਆ ਅੰਧਾਰਾ॥		Jis Naam Ridhai This Mittiaa Andhhaaraa ||	One who keeps the Naam in his heart - his darkness is dispelled.	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ, ਉਸ ਦੇ ਅੰਦਰੋਂ ਮਾਇਆ ਦੇ ਮੋਹ ਦਾ ਹਨੇਰਾ ਮਿਟ ਜਾਂਦਾ ਹੈ।
49641	1156	ਜਿਸੁ ਨਾਮੁ ਰਿਦੈ ਸੋ ਪੁਰਖੁ ਪਰਵਾਣੁ॥		Jis Naam Ridhai So Purakh Paravaan ||	One who keeps the Naam in his heart is approved and accepted.	ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ, ਉਹ ਮਨੁੱਖ (ਪਰਮਾਤਮਾ ਦੀ ਦਰਗਾਹ ਵਿਚ) ਕਬੂਲ ਹੋ ਜਾਂਦਾ ਹੈ।

49642	1156	ਨਾਮ ਬਿਨਾ ਫਿਰਿ ਆਵਣ ਜਾਣੁ॥੭॥		Naam Binaa Fir Aavan Jaan ||7||	Without the Naam, the mortal continues coming and going in reincarnation. ||7||	ਪਰਮਾਤਮਾ ਦੇ ਨਾਮ ਤੋਂ ਬਿਨਾ ਮੁੜ ਮੁੜ ਜਨਮ ਮਰਨ ਦਾ ਗੇੜ ਬਣਿਆ ਰਹਿੰਦਾ ਹੈ ॥੭॥
49643	1156	ਤਿਨਿ ਨਾਮੁ ਪਾਇਆ ਜਿਸੁ ਭਇਓ ਕ੍ਰਿਪਾਲ॥		Thin Naam Paaeiaa Jis Bhaeiou Kirapaal ||	He alone receives the Naam, who is blessed by the Lord's Mercy.	ਜਿਸ ਮਨੁੱਖ ਉੱਤੇ ਪਰਮਾਤਮਾ ਦਇਆਵਾਨ ਹੋ ਗਿਆ, ਉਸ ਨੇ ਹਰਿ-ਨਾਮ ਹਾਸਲ ਕਰ ਲਿਆ।
49644	1156	ਸਾਧਸੰਗਤਿ ਮਹਿ ਲਖੇ ਗੁਪਾਲ॥	ਗੋ: ਹੋੜੇ ਔਂਕੜ ਵਿਚਾਲੇ ਬੋਲੋ	Saadhhasangath Mehi Lakhae Guopaal ||	In the Saadh Sangat, the Company of the Holy, the Lord of the World is understood.	ਸਾਧ ਸੰਗਤ ਵਿਚ (ਟਿਕ ਕੇ) ਉਸ ਨੇ ਸ੍ਰਿਸ਼ਟੀ ਦੇ ਪਾਲਣਹਾਰ ਦਾ ਦਰਸਨ ਕਰ ਲਿਆ।
49645	1156	ਆਵਣ ਜਾਣ ਰਹੇ ਸੁਖੁ ਪਾਇਆ॥		Aavan Jaan Rehae Sukh Paaeiaa ||	Coming and going in reincarnation ends, and peace is found.	ਉਸ ਦੇ ਜਨਮ ਮਰਨ ਦੇ ਗੇੜ ਮੁੱਕ ਗਏ, ਉਸ ਨੇ ਆਤਮਕ ਆਨੰਦ ਪ੍ਰਾਪਤ ਕਰ ਲਿਆ।
49646	1156	ਕਹੁ ਨਾਨਕ ਤਤੈ ਤਤੁ ਮਿਲਾਇਆ॥੮॥੧॥੪॥		Kahu Naanak Thathai Thath Milaaeiaa ||8||1||4||	Says Nanak, my essence has merged in the Essence of the Lord. ||8||1||4||	ਨਾਨਕ ਆਖਦਾ ਹੈ- ਉਸ ਮਨੁੱਖ ਦੀ ਜਿੰਦ ਪਰਮਾਤਮਾ ਦੇ ਨਾਲ ਇੱਕ-ਮਿਕ ਹੋ ਗਈ ॥੮॥੧॥੪॥
49647	1156	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49648	1156	ਕੋਟਿ ਬਿਸਨ ਕੀਨੇ ਅਵਤਾਰ ॥		Kott Bisan Keenae Avathaar ||	He created millions of incarnations of Vishnu.	(ਉਹ ਗੋਬਿੰਦ ਐਸਾ ਹੈ ਜਿਸ ਨੇ) ਕ੍ਰੋੜਾਂ ਹੀ ਵਿਸ਼ਨੂ-ਅਵਤਾਰ ਬਣਾਏ,

49649	1156	ਕੋਟਿ ਬ੍ਰਹਮੰਡ ਜਾ ਕੇ ਧ੍ਰਮਸਾਲ॥		Kott Brehamandd Jaa Kae Dhhramasaal ||	He created millions of universes as places to practice righteousness.	ਕ੍ਰੋੜਾਂ ਬ੍ਰਹਮੰਡ ਜਿਸ ਦੇ ਧਰਮ-ਅਸਥਾਨ ਹਨ,
49650	1156	ਕੋਟਿ ਮਹੇਸ ਉਪਾਇ ਸਮਾਏ॥		Kott Mehaes Oupaae Samaaeae ||	He created and destroyed millions of Shivas.	ਜਿਹੜਾ ਕ੍ਰੋੜਾਂ ਸ਼ਿਵ ਪੈਦਾ ਕਰ ਕੇ (ਆਪਣੇ ਵਿਚ ਹੀ) ਲੀਨ ਕਰ ਦੇਂਦਾ ਹੈ,
49651	1156	ਕੋਟਿ ਬ੍ਰਹਮੇ ਜਗੁ ਸਾਜਣ ਲਾਏ॥੧॥		Kott Brehamae Jag Saajan Laaeae ||1||	He employed millions of Brahmas to create the worlds. ||1||	ਜਿਸ ਨੇ ਕ੍ਰੋੜਾਂ ਹੀ ਬ੍ਰਹਮੇ ਜਗਤ ਪੈਦਾ ਕਰਨ ਦੇ ਕੰਮ ਤੇ ਲਾਏ ਹੋਏ ਹਨ ॥੧॥
49652	1156	ਐਸੋ ਧਣੀ ਗੁਵਿੰਦੁ ਹਮਾਰਾ॥		Aiso Dhhanee Guvindh Hamaaraa ||	Such is my Lord and Master, the Lord of the Universe.	ਸਾਡਾ ਮਾਲਕ ਪ੍ਰਭੂ ਇਹੋ ਜਿਹਾ (ਬੇਅੰਤ) ਹੈ,
49653	1156	ਬਰਨਿ ਨ ਸਾਕਉ ਗੁਣ ਬਿਸਥਾਰਾ॥੧॥ਰਹਾਉ॥		Baran N Saako Gun Bisathhaaraa ||1|| Rehaao ||	I cannot even describe His Many Virtues. ||1||Pause||	ਕਿ ਮੈਂ ਉਸ ਦੇ ਗੁਣਾਂ ਦਾ ਵਿਸਥਾਰ ਬਿਆਨ ਨਹੀਂ ਕਰ ਸਕਦਾ ॥੧॥ ਰਹਾਉ ॥
49654	1156	ਕੋਟਿ ਮਾਇਆ ਜਾ ਕੈ ਸੇਵਕਾਇ॥	(ਸੇਵਕਾਇ) ਸੇਵਕਣੀਆਂ	Kott Maaeiaa Jaa Kai Saevakaae ||	Millions of Mayas are His maid-servants.	(ਉਹ ਗੋਬਿੰਦ ਐਸਾ ਮਾਲਕ ਹੈ ਕਿ) ਕ੍ਰੋੜਾਂ ਹੀ ਲੱਛਮੀਆਂ ਉਸ ਦੇ ਘਰ ਵਿਚ ਦਾਸੀਆਂ ਹਨ,
49655	1156	ਕੋਟਿ ਜੀਅ ਜਾ ਕੀ ਸਿਹਜਾਇ॥		Kott Jeea Jaa Kee Sihajaae ||	Millions of souls are His beds.	ਕ੍ਰੋੜਾਂ ਹੀ ਜੀਵ ਉਸ ਦੀ ਸੇਜ ਹਨ।
49656	1156	ਕੋਟਿ ਉਪਾਰਜਨਾ ਤੇਰੈ ਅੰਗਿ॥	ਉਪਾਰ-ਜਨਾ	Kott Oupaarajanaa Thaerai Ang ||	Millions of universes are the limbs of His Being.	ਹੇ ਪ੍ਰਭੂ! ਕ੍ਰੋੜਾਂ ਹੀ ਉਤਪੱਤੀਆਂ ਤੇਰੇ ਆਪੇ ਵਿਚ ਸਮਾ ਜਾਂਦੀਆਂ ਹਨ।

49657	1156	ਕੋਟਿ ਭਗਤ ਬਸਤ ਹਰਿ ਸੰਗਿ॥੨॥		Kott Bhagath Basath Har Sang ||2||	Millions of devotees abide with the Lord. ||2||	ਕ੍ਰੋੜਾਂ ਹੀ ਭਗਤ ਪ੍ਰਭੂ ਦੇ ਚਰਨਾਂ ਵਿਚ ਵੱਸਦੇ ਹਨ ॥੨॥
49658	1156	ਕੋਟਿ ਛਤ੍ਰਪਤਿ ਕਰਤ ਨਮਸਕਾਰ॥		Kott Shhathrapath Karath Namasakaar ||	Millions of kings with their crowns and canopies bow before Him.	(ਉਹ ਗੋਬਿੰਦ ਐਸਾ ਮਾਲਕ ਹੈ ਕਿ) ਕ੍ਰੋੜਾਂ ਰਾਜੇ ਉਸ ਅੱਗੇ ਸਿਰ ਨਿਵਾਂਦੇ ਹਨ,
49659	1156	ਕੋਟਿ ਇੰਦ੍ਰ ਠਾਢੇ ਹੈ ਦੁਆਰ॥		Kott Eindhr Thaadtae Hai Dhuaar ||	Millions of Indras stand at His Door.	ਕ੍ਰੋੜਾਂ ਇੰਦ੍ਰ ਉਸ ਦੇ ਦਰ ਤੇ ਖੜੇ ਹਨ,
49660	1156	ਕੋਟਿ ਬੈਕੁੰਠ ਜਾ ਕੀ ਦ੍ਰਿਸਟੀ ਮਾਹਿ॥		Kott Baikunth Jaa Kee Dhrisattee Maahi ||	Millions of heavenly paradises are within the scope of His Vision.	ਕ੍ਰੋੜਾਂ ਹੀ ਬੈਕੁੰਠ ਉਸ ਦੀ (ਮਿਹਰ ਦੀ) ਨਿਗਾਹ ਵਿਚ ਹਨ,
49661	1156	ਕੋਟਿ ਨਾਮ ਜਾ ਕੀ ਕੀਮਤਿ ਨਾਹਿ॥੩॥		Kott Naam Jaa Kee Keemath Naahi ||3||	Millions of His Names cannot even be appraised. ||3||	ਉਸ ਦੇ ਕ੍ਰੋੜਾਂ ਹੀ ਨਾਮ ਹਨ, (ਉਹ ਐਸਾ ਹੈ) ਕਿ ਉਸ ਦਾ ਮੁੱਲ ਨਹੀਂ ਪੈ ਸਕਦਾ ॥੩॥
49662	1156	ਕੋਟਿ ਪੂਰੀਅਤ ਹੈ ਜਾ ਕੈ ਨਾਦ॥		Kott Pooreeath Hai Jaa Kai Naadh ||	Millions of celestial sounds resound for Him.	(ਉਹ ਗੋਬਿੰਦ ਐਸਾ ਹੈ ਕਿ) ਉਸ ਦੇ ਦਰ ਤੇ ਕ੍ਰੋੜਾਂ (ਸੰਖ ਆਦਿਕ) ਨਾਦ ਪੂਰੇ (ਵਜਾਏ) ਜਾਂਦੇ ਹਨ,
49663	1156	ਕੋਟਿ ਅਖਾਰੇ ਚਲਿਤ ਬਿਸਮਾਦ॥	ਚਲਿ–ਤ: ਪੋਲਾ ਬੋਲੋ ਮਿਲਵਾਂ, ਲੱਲੇ ਸਿਹਾਰੀ ਲਾਉ	Kott Akhaarae Chalith Bisamaadh ||	His Wondrous Plays are enacted on millions of stages.	ਉਸ ਦੇ ਕ੍ਰੋੜਾਂ ਹੀ ਜਗਤ-ਅਖਾੜੇ ਹਨ, ਉਸ ਦੇ ਰਚੇ ਕੌਤਕ-ਤਮਾਸ਼ੇ ਹੈਰਾਨ ਕਰਨ ਵਾਲੇ ਹਨ।

49664	1156	ਕੋਟਿ ਸਕਤਿ ਸਿਵ ਆਗਿਆਕਾਰ॥		Kott Sakath Siv Aagiaakaar ||	Millions of Shaktis and Shivas are obedient to Him.	ਕ੍ਰੋੜਾਂ ਸ਼ਿਵ ਤੇ ਕ੍ਰੋੜਾਂ ਸ਼ਕਤੀਆਂ ਉਸ ਦੇ ਹੁਕਮ ਵਿਚ ਤੁਰਨ ਵਾਲੇ ਹਨ।
49665	1156	ਕੋਟਿ ਜੀਅ ਦੇਵੈ ਆਧਾਰ॥੪॥		Kott Jeea Dhaevai Aadhhaar ||4||	He gives sustenance and support to millions of beings. ||4||	ਉਹ ਮਾਲਕ ਕ੍ਰੋੜਾਂ ਜੀਵਾਂ ਨੂੰ ਆਸਰਾ ਦੇ ਰਿਹਾ ਹੈ ॥੪॥
49666	1156	ਕੋਟਿ ਤੀਰਥ ਜਾ ਕੇ ਚਰਨ ਮਝਾਰ॥		Kott Theerathh Jaa Kae Charan Majhaar ||	In His Feet are millions of sacred shrines of pilgrimage.	(ਸਾਡਾ ਉਹ ਗੋਬਿੰਦ ਐਸਾ ਧਣੀ ਹੈ) ਕਿ ਕ੍ਰੋੜਾਂ ਹੀ ਤੀਰਥ ਉਸ ਦੇ ਚਰਨਾਂ ਵਿਚ ਹਨ (ਉਸ ਦੇ ਚਰਨਾਂ ਵਿਚ ਜੁੜੇ ਰਹਿਣਾ ਹੀ ਕ੍ਰੋੜਾਂ ਤੀਰਥਾਂ ਦੇ ਇਸ਼ਨਾਨ ਬਰਾਬਰ ਹੈ),
49667	1156	ਕੋਟਿ ਪਵਿਤ੍ਰ ਜਪਤ ਨਾਮ ਚਾਰ॥		Kott Pavithr Japath Naam Chaar ||	Millions chant His Sacred and Beautiful Name.	ਕ੍ਰੋੜਾਂ ਹੀ ਜੀਵ ਉਸ ਦਾ ਸੋਹਣਾ ਨਾਮ ਜਪਦਿਆਂ ਸੁੱਚੇ ਜੀਵਨ ਵਾਲੇ ਹੋ ਜਾਂਦੇ ਹਨ।
49668	1156	ਕੋਟਿ ਪੂਜਾਰੀ ਕਰਤੇ ਪੂਜਾ॥		Kott Poojaaree Karathae Poojaa ||	Millions of worshippers worship Him.	ਕ੍ਰੋੜਾਂ ਪੁਜਾਰੀ ਉਸ ਦੀ ਪੂਜਾ ਕਰ ਰਹੇ ਹਨ।
49669	1156	ਕੋਟਿ ਬਿਸਥਾਰਨੁ ਅਵਰੁ ਨ ਦੂਜਾ॥੫॥		Kott Bisathhaaran Avar N Dhoojaa ||5||	Millions of expanses are His; there is no other at all. ||5||	ਉਸ ਮਾਲਕ ਨੇ ਕ੍ਰੋੜਾਂ ਹੀ ਜੀਵਾਂ ਦਾ ਖਿਲਾਰਾ ਖਿਲਾਰਿਆ ਹੋਇਆ ਹੈ, (ਉਸ ਤੋਂ ਬਿਨਾ) ਕੋਈ ਹੋਰ ਦੂਜਾ ਨਹੀਂ ਹੈ ॥੫॥
49670	1156	ਕੋਟਿ ਮਹਿਮਾ ਜਾ ਕੀ ਨਿਰਮਲ ਹੰਸ॥		Kott Mehimaa Jaa Kee Niramal Hans ||	Millions of swan-souls sing His Immaculate Praises.	(ਉਹ ਸਾਡਾ ਗੋਬਿੰਦ ਐਸਾ ਹੈ) ਕਿ ਕ੍ਰੋੜਾਂ ਹੀ ਪਵਿੱਤਰ ਜੀਵਨ ਵਾਲੇ ਜੀਵ ਉਸ ਦੀ ਮਹਿਮਾ ਕਰ ਰਹੇ ਹਨ,

49671	1156	ਕੋਟਿ ਉਸਤਤਿ ਜਾ ਕੀ ਕਰਤ ਬ੍ਰਹਮੰਸ॥		Kott Ousathath Jaa Kee Karath Brehamans ||	Millions of Brahma's sons sing His Praises.	ਸਨਕ ਆਦਿਕ ਬ੍ਰਹਮਾ ਦੇ ਕ੍ਰੋੜਾਂ ਹੀ ਪੁੱਤਰ ਉਸ ਦੀ ਉਸਤਤਿ ਕਰ ਰਹੇ ਹਨ,
49672	1156	ਕੋਟਿ ਪਰਲਉ ਓਪਤਿ ਨਿਮਖ ਮਾਹਿ॥		Kott Paralo Oupath Nimakh Maahi ||	He creates and destroys millions, in an instant.	ਉਹ ਗੋਬਿੰਦ ਅੱਖ ਦੇ ਇਕ ਫੋਰ ਵਿਚ ਕ੍ਰੋੜਾਂ (ਜੀਵਾਂ ਦੀ) ਉਤਪੱਤੀ ਤੇ ਨਾਸ (ਕਰਦਾ ਰਹਿੰਦਾ) ਹੈ।
49673	1156	ਕੋਟਿ ਗੁਣਾ ਤੇਰੇ ਗਣੇ ਨ ਜਾਹਿ॥੬॥		Kott Gunaa Thaerae Ganae N Jaahi ||6||	Millions are Your Virtues, Lord - they cannot even be counted. ||6||	ਹੇ ਪ੍ਰਭੂ! ਤੇਰੇ ਕ੍ਰੋੜਾਂ ਹੀ ਗੁਣ ਹਨ, (ਅਸਾਂ ਜੀਵਾਂ ਪਾਸੋਂ) ਗਿਣੇ ਨਹੀਂ ਜਾ ਸਕਦੇ ॥੬॥
49674	1156	ਕੋਟਿ ਗਿਆਨੀ ਕਥਹਿ ਗਿਆਨੁ॥		Kott Giaanee Kathhehi Giaan ||	Millions of spiritual teachers teach His spiritual wisdom.	(ਸਾਡਾ ਉਹ ਗੋਬਿੰਦ ਐਸਾ ਹੈ ਕਿ) ਆਤਮਕ ਜੀਵਨ ਦੀ ਸੂਝ ਵਾਲੇ ਕ੍ਰੋੜਾਂ ਹੀ ਮਨੁੱਖ ਉਸ ਦੇ ਗੁਣਾਂ ਦਾ ਵਿਚਾਰ ਬਿਆਨ ਕਰਦੇ ਰਹਿੰਦੇ ਹਨ,
49675	1156	ਕੋਟਿ ਧਿਆਨੀ ਧਰਤ ਧਿਆਨੁ॥		Kott Dhhiaanee Dhharath Dhhiaan ||	Millions of meditators focus on His meditation.	ਸਮਾਧੀਆਂ ਲਾਣ ਵਾਲੇ ਕ੍ਰੋੜਾਂ ਹੀ ਸਾਧੂ (ਉਸ ਵਿਚ) ਸੁਰਤ ਜੋੜੀ ਰੱਖਦੇ ਹਨ,
49676	1156	ਕੋਟਿ ਤਪੀਸਰ ਤਪ ਹੀ ਕਰਤੇ॥		Kott Thapeesar Thap Hee Karathae ||	Millions of austere penitents practice austerities.	(ਉਸ ਦਾ ਦਰਸਨ ਕਰਨ ਲਈ) ਕ੍ਰੋੜਾਂ ਹੀ ਵੱਡੇ ਵੱਡੇ ਤਪੀ ਤਪ ਕਰਦੇ ਰਹਿੰਦੇ ਹਨ,
49677	1157	ਕੋਟਿ ਮੁਨੀਸਰ ਮੋਨਿ ਮਹਿ ਰਹਤੇ॥੭॥		Kott Muneesar Muon Mehi Rehathae ||7||	Millions of silent sages dwell in silence. ||7||	ਕ੍ਰੋੜਾਂ ਹੀ ਵੱਡੇ ਵੱਡੇ ਮੁਨੀ ਮੋਨ ਧਾਰੀ ਰੱਖਦੇ ਹਨ ॥੭॥

49678	1157	ਅਵਿਗਤ ਨਾਥੁ ਅਗੋਚਰ ਸੁਆਮੀ॥		Avigath Naathh Agochar Suaamee ||	Our Eternal, Imperishable, Incomprehensible Lord and Master,	ਸਾਡਾ ਉਹ ਖਸਮ-ਪ੍ਰਭੂ ਅਦ੍ਰਿਸ਼ਟ ਹੈ, ਸਾਡਾ ਉਹ ਸੁਆਮੀ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ,
49679	1157	ਪੂਰਿ ਰਹਿਆ ਘਟ ਅੰਤਰਜਾਮੀ॥		Poor Rehiaa Ghatt Antharajaamee ||	The Inner-knower, the Searcher of hearts, is permeating all hearts.	ਸਭ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਉਹ ਪ੍ਰਭੂ ਸਭ ਸਰੀਰਾਂ ਵਿਚ ਮੌਜੂਦ ਹੈ।
49680	1157	ਜਤ ਕਤ ਦੇਖਉ ਤੇਰਾ ਵਾਸਾ॥		Jath Kath Dhaekho Thaeraa Vaasaa ||	Wherever I look, I see Your Dwelling, O Lord.	ਹੇ ਪ੍ਰਭੂ! ਮੈਂ ਜਿਧਰ ਕਿਧਰ ਵੇਖਦਾ ਹਾਂ ਮੈਨੂੰ ਤੇਰਾ ਹੀ ਨਿਵਾਸ ਦਿੱਸਦਾ ਹੈ।
49681	1157	ਨਾਨਕ ਕਉ ਗੁਰਿ ਕੀਓ ਪ੍ਰਗਾਸਾ॥੮॥੨॥੫॥		Naanak Ko Gur Keeou Pragaasaa ||8||2||5||	The Guru has blessed Nanak with enlightenment. ||8||2||5||	(ਮੈਨੂੰ) ਨਾਨਕ ਨੂੰ ਗੁਰੂ ਨੇ (ਅਜਿਹਾ ਆਤਮਕ) ਚਾਨਣ ਬਖ਼ਸ਼ਿਆ ਹੈ ॥੮॥੨॥੫॥
49682	1157	ਭੈਰਉ ਮਹਲਾ ੫॥		Bhairo Mehalaa 5 ||	Bhairao, Fifth Mehl:	
49683	1157	ਸਤਿਗੁਰਿ ਮੋਕਉ ਕੀਨੋ ਦਾਨੁ॥		Sathigur Mo Ko Keeno Dhaan ||	The True Guru has blessed me with this gift.	ਗੁਰੂ ਨੇ ਮੈਨੂੰ (ਇਹ) ਦਾਤ ਬਖ਼ਸ਼ੀ ਹੈ,
49684	1157	ਅਮੋਲ ਰਤਨੁ ਹਰਿ ਦੀਨੋ ਨਾਮੁ॥		Amol Rathan Har Dheeno Naam ||	He has given me the Priceless Jewel of the Lord's Name.	(ਗੁਰੂ ਨੇ ਮੈਨੂੰ ਉਹ) ਨਾਮ-ਰਤਨ ਦਿੱਤਾ ਹੈ ਜੋ ਕਿਸੇ ਭੀ ਮੁੱਲ ਤੋਂ ਨਹੀਂ ਮਿਲ ਸਕਦਾ।
49685	1157	ਸਹਜ ਬਿਨੋਦ ਚੋਜ ਆਨੰਤਾ॥		Sehaj Binodh Choj Aananthaa ||	Now, I intuitively enjoy endless pleasures and wondrous play.	(ਹੁਣ ਮੇਰੇ ਅੰਦਰ) ਆਤਮਕ ਅਡੋਲਤਾ ਦੇ ਬੇਅੰਤ ਆਨੰਦ-ਤਮਾਸ਼ੇ ਬਣੇ ਰਹਿੰਦੇ ਹਨ।

49686	1157	ਨਾਨਕ ਕਉ ਪ੍ਰਭੁ ਮਿਲਿਓ ਅਚਿੰਤਾ॥੧॥		Naanak Ko Prabh Miliou Achinthaa ||1||	God has spontaneously met with Nanak. ||1||	(ਮੈਨੂੰ) ਨਾਨਕ ਨੂੰ (ਗੁਰੂ ਦੀ ਕਿਰਪਾ ਨਾਲ) ਚਿੰਤਾ ਦੂਰ ਕਰਨ ਵਾਲਾ ਪਰਮਾਤਮਾ ਆ ਮਿਲਿਆ ਹੈ ॥੧॥
49687	1157	ਕਹੁ ਨਾਨਕ ਕੀਰਤਿ ਹਰਿ ਸਾਚੀ॥		Kahu Naanak Keerath Har Saachee ||	Says Nanak, True is the Kirtan of the Lord's Praise.	ਨਾਨਕ ਆਖਦਾ ਹੈ- (ਹੇ ਭਾਈ!) ਪਰਮਾਤਮਾ ਦੀ ਸਦਾ ਕਾਇਮ ਰਹਿਣ ਵਾਲੀ ਵਡਿਆਈ ਕਰਿਆ ਕਰ।
49688	1157	ਬਹੁਰਿ ਬਹੁਰਿ ਤਿਸੁ ਸੰਗਿ ਮਨੁ ਰਾਚੀ॥੧॥ਰਹਾਉ॥		Bahur Bahur This Sang Man Raachee ||1|| Rehaao ||	Again and again, my mind remains immersed in it. ||1||Pause||	ਆਪਣੇ ਮਨ ਨੂੰ ਮੁੜ ਮੁੜ ਉਸ (ਸਿਫ਼ਤ-ਸਾਲਾਹ) ਨਾਲ ਜੋੜੀ ਰੱਖ ॥੧॥ ਰਹਾਉ ॥
49689	1157	ਅਚਿੰਤ ਹਮਾਰੈ ਭੋਜਨ ਭਾਉ॥		Achinth Hamaarai Bhojan Bhaao ||	Spontaneously, I feed on the Love of God.	(ਗੁਰੂ ਦੀ ਕਿਰਪਾ ਨਾਲ ਹੁਣ) ਚਿੰਤਾ ਦੂਰ ਕਰਨ ਵਾਲੇ ਪ੍ਰਭੂ ਦਾ ਪਿਆਰ ਹੀ ਮੇਰੇ ਵਾਸਤੇ (ਆਤਮਕ ਜੀਵਨ ਦੀ) ਖ਼ੁਰਾਕ ਹੈ,
49690	1157	ਅਚਿੰਤ ਹਮਾਰੈ ਲੀਚੈ ਨਾਉ॥		Achinth Hamaarai Leechai Naao ||	Spontaneously, I take God's Name.	ਮੇਰੇ ਅੰਦਰ ਅਚਿੰਤ ਪ੍ਰਭੂ ਦਾ ਨਾਮ ਹੀ ਸਦਾ ਲਿਆ ਜਾ ਰਿਹਾ ਹੈ,
49691	1157	ਅਚਿੰਤ ਹਮਾਰੈ ਸਬਦਿ ਉਧਾਰ॥		Achinth Hamaarai Sabadh Oudhhaar ||	Spontaneously, I am saved by the Word of the Shabad.	ਅਚਿੰਤ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ ਵਿਕਾਰਾਂ ਤੋਂ ਮੇਰਾ ਬਚਾਉ ਹੋ ਰਿਹਾ ਹੈ।
49692	1157	ਅਚਿੰਤ ਹਮਾਰੈ ਭਰੇ ਭੰਡਾਰ॥੨॥		Achinth Hamaarai Bharae Bhanddaar ||2||	Spontaneously, my treasures are filled to overflowing. ||2||	(ਗੁਰੂ ਦੀ ਕਿਰਪਾ ਨਾਲ) ਮੇਰੇ ਅੰਦਰ ਚਿੰਤਾ ਦੂਰ ਕਰਨ ਵਾਲੇ ਪਰਮਾਤਮਾ ਦੇ ਨਾਮ ਦੇ ਖ਼ਜ਼ਾਨੇ ਭਰੇ ਗਏ ਹਨ ॥੨॥

49693	1157	ਅਚਿੰਤ ਹਮਾਰੈ ਕਾਰਜ ਪੂਰੇ॥		Achinth Hamaarai Kaaraj Poorae ||	Spontaneously, my works are perfectly accomplished.	ਚਿੰਤਾ ਦੂਰ ਕਰਨ ਵਾਲੇ ਪਰਮਾਤਮਾ ਦੇ ਨਾਮ ਦੀ ਬਰਕਤਿ ਨਾਲ ਮੇਰੇ ਸਾਰੇ ਕੰਮ ਸਫਲ ਹੋ ਰਹੇ ਹਨ,
49694	1157	ਅਚਿੰਤ ਹਮਾਰੈ ਲਥੇ ਵਿਸੂਰੇ॥		Achinth Hamaarai Lathhae Visoorae ||	Spontaneously, I am rid of sorrow.	ਚਿੰਤਾ ਦੂਰ ਕਰਨ ਵਾਲੇ ਪਰਮਾਤਮਾ ਦੇ ਨਾਮ ਦੀ ਬਰਕਤਿ ਨਾਲ (ਮੇਰੇ ਅੰਦਰੋਂ ਸਾਰੇ) ਚਿੰਤਾ-ਝੋਰੇ ਮੁੱਕ ਗਏ ਹਨ,
49695	1157	ਅਚਿੰਤ ਹਮਾਰੈ ਬੈਰੀ ਮੀਤਾ॥		Achinth Hamaarai Bairee Meethaa ||	Spontaneously, my enemies have become friends.	ਚਿੰਤਾ ਦੂਰ ਕਰਨ ਵਾਲੇ ਪਰਮਾਤਮਾ ਦੇ ਨਾਮ ਦੀ ਬਰਕਤਿ ਨਾਲ ਹੁਣ ਮੈਨੂੰ ਵੈਰੀ ਭੀ ਮਿੱਤਰ ਦਿੱਸ ਰਹੇ ਹਨ।
49696	1157	ਅਚਿੰਤੋ ਹੀ ਇਹੁ ਮਨੁ ਵਸਿ ਕੀਤਾ॥੩॥	ਵੱਸਿ	Achintho Hee Eihu Man Vas Keethaa ||3||	Spontaneously, I have brought my mind under control. ||3||	ਚਿੰਤਾ ਦੂਰ ਕਰਨ ਵਾਲਾ ਹਰਿ-ਨਾਮ ਲੈ ਕੇ ਹੀ ਮੈਂ ਆਪਣਾ ਇਹ ਮਨ ਵੱਸ ਵਿਚ ਕਰ ਲਿਆ ਹੈ ॥੩॥
49697	1157	ਅਚਿੰਤ ਪ੍ਰਭੂ ਹਮ ਕੀਆ ਦਿਲਾਸਾ॥		Achinth Prabhoo Ham Keeaa Dhilaasaa ||	Spontaneously, God has comforted me.	ਚਿੰਤਾ ਦੂਰ ਕਰਨ ਵਾਲੇ ਪਰਮਾਤਮਾ ਨੇ ਮੈਨੂੰ ਹੌਸਲਾ ਬਖ਼ਸ਼ਿਆ ਹੈ।
49698	1157	ਅਚਿੰਤ ਹਮਾਰੀ ਪੂਰਨ ਆਸਾ॥		Achinth Hamaaree Pooran Aasaa ||	Spontaneously, my hopes have been fulfilled.	ਚਿੰਤਾ ਦੂਰ ਕਰਨ ਵਾਲੇ ਪਰਮਾਤਮਾ (ਦੀ ਕ੍ਰਿਪਾ ਦੁਆਰਾ) ਮੇਰੀਆਂ ਸਾਰੀਆਂ ਆਸਾਂ ਪੂਰੀਆਂ ਹੋ ਗਈਆਂ ਹਨ।

49699	1157	ਅਚਿੰਤ ਹਮ੍ਹਾ ਕਉ ਸਗਲ ਸਿਧਾਂਤੁ॥		Achinth Hamhaa Ko Sagal Sidhhaanth ||	Spontaneously, I have totally realized the essence of reality.	ਚਿੰਤਾ ਦੂਰ ਕਰਨ ਵਾਲੇ ਪ੍ਰਭੂ ਦਾ ਨਾਮ ਜਪਣਾ ਹੀ ਮੇਰੇ ਵਾਸਤੇ ਸਾਰੇ ਧਰਮਾਂ ਦਾ ਨਿਚੋੜ ਹੈ।
49700	1157	ਅਚਿੰਤੁ ਹਮ ਕਉ ਗੁਰਿ ਦੀਨੋ ਮੰਤੁ॥੪॥		Achinth Ham Ko Gur Dheeno Manth ||4||	Spontaneously, I have been blessed with the Guru's Mantra. ||4||	ਚਿੰਤਾ ਦੂਰ ਕਰਨ ਵਾਲੇ ਪਰਮਾਤਮਾ ਦਾ ਨਾਮ-ਮੰਤ੍ਰ ਮੈਨੂੰ ਗੁਰੂ ਨੇ ਦਿੱਤਾ ਹੈ ॥੪॥
49701	1157	ਅਚਿੰਤ ਹਮਾਰੇ ਬਿਨਸੇ ਬੈਰ॥		Achinth Hamaarae Binasae Bair ||	Spontaneously, I am rid of hatred.	ਚਿੰਤਾ ਦੂਰ ਕਰਨ ਵਾਲੇ ਪਰਮਾਤਮਾ ਦਾ ਨਾਮ ਜਪ ਕੇ (ਮੇਰੇ ਅੰਦਰੋਂ ਸਾਰੇ) ਵੈਰ-ਵਿਰੋਧ ਨਾਸ ਹੋ ਗਏ ਹਨ,
49702	1157	ਅਚਿੰਤ ਹਮਾਰੇ ਮਿਟੇ ਅੰਧੇਰ॥		Achinth Hamaarae Mittae Andhhaer ||	Spontaneously, my darkness has been dispelled.	ਚਿੰਤਾ ਦੂਰ ਕਰਨ ਵਾਲੇ ਪਰਮਾਤਮਾ ਦਾ ਨਾਮ ਜਪ ਕੇ (ਮੇਰੇ ਅੰਦਰੋਂ) ਮਾਇਆ ਦੇ ਮੋਹ ਦੇ ਹਨੇਰੇ ਦੂਰ ਹੋ ਗਏ ਹਨ।
49703	1157	ਅਚਿੰਤੋ ਹੀ ਮਨਿ ਕੀਰਤਨੁ ਮੀਠਾ॥		Achintho Hee Man Keerathan Meethaa ||	Spontaneously, the Kirtan of the Lord's Praise seems so sweet to my mind.	ਚਿੰਤਾ ਦੂਰ ਕਰਨ ਵਾਲਾ ਹਰਿ-ਨਾਮ ਜਪ ਕੇ ਹੀ ਮੇਰੇ ਮਨ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਪਿਆਰੀ ਲੱਗ ਰਹੀ ਹੈ,
49704	1157	ਅਚਿੰਤੋ ਹੀ ਪ੍ਰਭੁ ਘਟਿ ਘਟਿ ਡੀਠਾ॥੫॥		Achintho Hee Prabh Ghatt Ghatt Ddeethaa ||5||	Spontaneously, I behold God in each and every heart. ||5||	ਅਤੇ ਚਿੰਤਾ ਦੂਰ ਕਰਨ ਵਾਲਾ ਹਰਿ-ਨਾਮ ਜਪ ਕੇ ਹੀ ਉਸ ਪਰਮਾਤਮਾ ਨੂੰ ਮੈਂ ਹਰੇਕ ਹਿਰਦੇ ਵਿਚ ਵੱਸਦਾ ਵੇਖ ਲਿਆ ਹੈ ॥੫॥

49705	1157	ਅਚਿੰਤ ਮਿਟਿਓ ਹੈ ਸਗਲੋ ਭਰਮਾ॥		Achinth Mittiou Hai Sagalo Bharamaa ||	Spontaneously, all my doubts have been dispelled.	ਚਿੰਤਾ ਦੂਰ ਕਰਨ ਵਾਲੇ ਹਰਿ-ਨਾਮ ਦੀ ਬਰਕਤਿ ਨਾਲ ਮੇਰੀ ਸਾਰੀ ਭਟਕਣਾ ਮੁੱਕ ਗਈ ਹੈ,
49706	1157	ਅਚਿੰਤ ਵਸਿਓ ਮਨਿ ਸੁਖ ਬਿਸ੍ਰਾਮਾ॥		Achinth Vasiou Man Sukh Bisraamaa ||	Spontaneously, peace and celestial harmony fill my mind.	(ਜਦੋਂ ਤੋਂ) ਅਚਿੰਤ ਪ੍ਰਭੂ ਮੇਰੇ ਮਨ ਵਿਚ ਆ ਵੱਸਿਆ ਹੈ, ਮੇਰੇ ਅੰਦਰ ਆਤਮਕ ਆਨੰਦ ਦਾ (ਪੱਕਾ) ਟਿਕਾਣਾ ਬਣ ਗਿਆ ਹੈ।
49707	1157	ਅਚਿੰਤ ਹਮਾਰੈ ਅਨਹਤ ਵਾਜੈ॥	ਵੱਾਜੈ	Achinth Hamaarai Anehath Vaajai ||	Spontaneously, the Unstruck Melody of the Sound-current resounds within me.	ਹੁਣ ਮੇਰੇ ਅੰਦਰ ਚਿੰਤਾ ਦੂਰ ਕਰਨ ਵਾਲੇ ਹਰਿ-ਨਾਮ ਦਾ ਇੱਕ-ਰਸ ਵਾਜਾ ਵੱਜ ਰਿਹਾ ਹੈ,
49708	1157	ਅਚਿੰਤ ਹਮਾਰੈ ਗੋਬਿੰਦੁ ਗਾਜੈ॥੬॥	ਗੱਾਜੈ	Achinth Hamaarai Gobindh Gaajai ||6||	Spontaneously, the Lord of the Universe has revealed Himself to me. ||6||	ਅਤੇ ਮੇਰੇ ਅੰਦਰ ਚਿੰਤਾ ਦੂਰ ਕਰਨ ਵਾਲੇ ਗੋਬਿੰਦ ਦਾ ਨਾਮ ਹੀ ਹਰ ਵੇਲੇ ਗੱਜ ਰਿਹਾ ਹੈ ॥੬॥
49709	1157	ਅਚਿੰਤ ਹਮਾਰੈ ਮਨੁ ਪਤੀਆਨਾ॥	ਪਤੀ-ਆਨਾ	Achinth Hamaarai Man Patheeaanaa ||	Spontaneously, my mind has been pleased and appeased.	ਚਿੰਤਾ ਦੂਰ ਕਰਨ ਵਾਲੇ ਹਰਿ-ਨਾਮ ਦੀ ਬਰਕਤਿ ਨਾਲ ਮੇਰਾ ਮਨ ਭਟਕਣੋਂ ਹਟ ਗਿਆ ਹੈ,
49710	1157	ਨਿਹਚਲ ਧਨੀ ਅਚਿੰਤੁ ਪਛਾਨਾ॥		Nihachal Dhhanee Achinth Pashhaanaa ||	I have spontaneously realized the Eternal, Unchanging Lord.	ਅਚਿੰਤ ਹਰਿ-ਨਾਮ ਜਪ ਕੇ ਮੈਂ ਸਦਾ ਕਾਇਮ ਰਹਿਣ ਵਾਲੇ ਮਾਲਕ-ਪ੍ਰਭੂ ਨਾਲ ਸਾਂਝ ਪਾ ਲਈ ਹੈ।

49711	1157	ਅਚਿੰਤੋ ਉਪਜਿਓ ਸਗਲ ਬਿਬੇਕਾ॥		Achintho Oupajiou Sagal Bibaekaa ||	Spontaneously, all wisdom and knowledge has welled up within me.	ਚਿੰਤਾ ਦੂਰ ਕਰਨ ਵਾਲਾ ਹਰਿ-ਨਾਮ ਜਪ ਕੇ ਹੀ ਮੇਰੇ ਅੰਦਰ ਚੰਗੇ ਮਾੜੇ ਕੰਮ ਦੀ ਸਾਰੀ ਪਛਾਣ ਪੈਦਾ ਹੋ ਗਈ ਹੈ।
49712	1157	ਅਚਿੰਤ ਚਰੀ ਹਥਿ ਹਰਿ ਹਰਿ ਟੇਕਾ॥੭॥	ਚਰ੍ੀ	Achinth Charee Hathh Har Har Ttaekaa ||7||	Spontaneously, the Support of the Lord, Har, Har, has come into my hands. ||7||	ਇਸ ਅਚਿੰਤ ਹਰਿ-ਨਾਮ ਦੀ ਮੈਨੂੰ ਸਦਾ ਲਈ ਟੇਕ ਮਿਲ ਗਈ ਹੈ ॥੭॥
49713	1157	ਅਚਿੰਤ ਪ੍ਰਭੂ ਧੁਰਿ ਲਿਖਿਆ ਲੇਖੁ॥		Achinth Prabhoo Dhhur Likhiaa Laekh ||	Spontaneously, God has recorded my pre-ordained destiny.	ਜਿਸ ਮਨੁੱਖ ਦੇ ਮੱਥੇ ਉਤੇ ਪ੍ਰਭੂ ਨੇ ਚਿੰਤਾ ਦੂਰ ਕਰਨ ਵਾਲੇ ਹਰਿ-ਨਾਮ ਦੀ ਪ੍ਰਾਪਤੀ ਦਾ ਲੇਖ ਧੁਰ ਦਰਗਾਹ ਤੋਂ ਲਿਖ ਦਿੱਤਾ ਹੈ,
49714	1157	ਅਚਿੰਤ ਮਿਲਿਓ ਪ੍ਰਭੁ ਠਾਕੁਰੁ ਏਕੁ॥		Achinth Miliou Prabh Thaakur Eaek ||	Spontaneously, the One Lord and Master God has met me.	ਉਸ ਨੂੰ ਉਹ ਚਿੰਤਾ ਦੂਰ ਕਰਨ ਵਾਲਾ ਸਭ ਦਾ ਮਾਲਕ ਪ੍ਰਭੂ ਮਿਲ ਜਾਂਦਾ ਹੈ।
49715	1157	ਚਿੰਤ ਅਚਿੰਤਾ ਸਗਲੀ ਗਈ॥		Chinth Achinthaa Sagalee Gee ||	Spontaneously, all my cares and worries have been taken away.	ਚਿੰਤਾ ਦੂਰ ਕਰਨ ਵਾਲਾ ਹਰਿ-ਨਾਮ ਜਪ ਕੇ ਮੇਰੀ ਸਾਰੀ ਚਿੰਤਾ ਦੂਰ ਹੋ ਗਈ ਹੈ,
49716	1157	ਪ੍ਰਭ ਨਾਨਕ ਨਾਨਕ ਨਾਨਕ ਮਈ॥੮॥੩॥੬॥		Prabh Naanak Naanak Naanak Mee ||8||3||6||	Nanak, Nanak, Nanak, has merged into the Image of God. ||8||3||6||	ਹੁਣ ਮੈਂ ਨਾਨਕ ਸਦਾ ਲਈ ਪ੍ਰਭੂ ਵਿਚ ਲੀਨ ਹੋ ਗਿਆ ਹਾਂ ॥੮॥੩॥੬॥
49717	1157	ਭੈਰਉ ਬਾਣੀ ਭਗਤਾ ਕੀ॥		Bhairo Baanee Bhagathaa Kee ||	Bhairao, The Word Of The Devotees,	ਰਾਗ ਭੈਰਉ ਵਿੱਚ ਭਗਤਾਂ ਦੀ ਬਾਣੀ।

49718	1157	ਕਬੀਰ ਜੀਉ ਘਰੁ ੧		Kabeer Jeeo Ghar 1	Kabeer Jee, First House:	(ਰਾਗ ਭੈਰਉ) ਘਰ ੧ ਵਿੱਚ ਭਗਤ ਕਬੀਰ ਜੀ ਦੀ ਬਾਣੀ।
49719	1157	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
49720	1157	ਇਹੁ ਧਨੁ ਮੇਰੇ ਹਰਿ ਕੋ ਨਾਉ॥		Eihu Dhhan Maerae Har Ko Naao ||	The Name of the Lord - this alone is my wealth.	ਪ੍ਰਭੂ ਦਾ ਇਹ ਨਾਮ ਹੀ ਮੇਰੇ ਲਈ ਧਨ ਹੈ (ਜਿਵੇਂ ਲੋਕ ਧਨ ਨੂੰ ਜੀਵਨ ਦਾ ਸਹਾਰਾ ਬਣਾ ਲੈਂਦੇ ਹਨ, ਮੇਰੇ ਜੀਵਨ ਦਾ ਸਹਾਰਾ ਪ੍ਰਭੂ ਦਾ ਨਾਮ ਹੀ ਹੈ, ਪਰ)
49721	1157	ਗਾਂਠਿ ਨ ਬਾਧਉ ਬੇਚਿ ਨ ਖਾਉ॥੧॥ਰਹਾਉ॥		Gaanth N Baadhho Baech N Khaao ||1|| Rehaao ||	I do not tie it up to hide it, nor do I sell it to make my living. ||1||Pause||	ਮੈਂ ਨਾਹ ਤਾਂ ਇਸ ਨੂੰ ਲੁਕਾ ਕੇ ਰੱਖਦਾ ਹਾਂ, ਤੇ ਨਾਹ ਹੀ ਵਿਖਾਵੇ ਲਈ ਵਰਤਦਾ ਹਾਂ ॥੧॥ ਰਹਾਉ ॥
49722	1157	ਨਾਉ ਮੇਰੇ ਖੇਤੀ ਨਾਉ ਮੇਰੇ ਬਾਰੀ॥		Naao Maerae Khaethee Naao Maerae Baaree ||	The Name is my crop, and the Name is my field.	(ਕੋਈ ਮਨੁੱਖ ਖੇਤੀ-ਵਾੜੀ ਨੂੰ ਆਸਰਾ ਮੰਨਦਾ ਹੈ, ਪਰ) ਮੇਰੇ ਲਈ ਪ੍ਰਭੂ ਦਾ ਨਾਮ ਹੀ ਖੇਤੀ ਹੈ, ਤੇ ਨਾਮ ਹੀ ਬਗ਼ੀਚੀ ਹੈ।
49723	1157	ਭਗਤਿ ਕਰਉ ਜਨੁ ਸਰਨਿ ਤੁਮ੍ਹਾਰੀ॥੧॥		Bhagath Karo Jan Saran Thumhaaree ||1||	As Your humble servant, I perform devotional worship to You; I seek Your Sanctuary. ||1||	ਹੇ ਪ੍ਰਭੂ! ਮੈਂ ਤੇਰਾ ਦਾਸ ਤੇਰੀ ਹੀ ਸ਼ਰਨ ਹਾਂ, ਤੇ ਤੇਰੀ ਭਗਤੀ ਕਰਦਾ ਹਾਂ ॥੧॥

49724	1157	ਨਾਉ ਮੇਰੇ ਮਾਇਆ ਨਾਉ ਮੇਰੇ ਪੂੰਜੀ॥		Naao Maerae Maaeiaa Naao Maerae Poonjee ||	The Name is Maya and wealth for me; the Name is my capital.	ਹੇ ਪ੍ਰਭੂ! ਤੇਰਾ ਨਾਮ ਹੀ ਮੇਰੇ ਲਈ ਮਾਇਆ ਹੈ ਤੇ ਰਾਸ-ਪੂੰਜੀ ਹੈ (ਵਪਾਰ ਕਰਨ ਲਈ। ਭਾਵ, ਵਪਾਰ ਸਰੀਰਕ ਨਿਰਬਾਹ ਵਾਸਤੇ ਹੈ, ਮੇਰੀ ਜ਼ਿੰਦਗੀ ਦਾ ਸਹਾਰਾ ਨਹੀਂ ਹੈ)।
49725	1157	ਤੁਮਹਿ ਛੋਡਿ ਜਾਨਉ ਨਹੀ ਦੂਜੀ॥੨॥		Thumehi Shhodd Jaano Nehee Dhoojee ||2||	I do not forsake You; I do not know any other at all. ||2||	ਹੇ ਪ੍ਰਭੂ! ਤੈਨੂੰ ਵਿਸਾਰ ਕੇ ਮੈਂ ਕਿਸੇ ਹੋਰ ਰਾਸ-ਪੂੰਜੀ ਨਾਲ ਸਾਂਝ ਨਹੀਂ ਬਣਾਂਦਾ ॥੨॥
49726	1157	ਨਾਉ ਮੇਰੇ ਬੰਧਿਪ ਨਾਉ ਮੇਰੇ ਭਾਈ॥		Naao Maerae Bandhhip Naao Maerae Bhaaee ||	The Name is my family, the Name is my brother.	ਪ੍ਰਭੂ ਦਾ ਨਾਮ ਹੀ ਮੇਰੇ ਲਈ ਰਿਸ਼ਤੇਦਾਰ ਹੈ, ਨਾਮ ਹੀ ਮੇਰਾ ਭਰਾ ਹੈ;
49727	1157	ਨਾਉ ਮੇਰੇ ਸੰਗਿ ਅੰਤਿ ਹੋਇ ਸਖਾਈ॥੩॥		Naao Maerae Sang Anth Hoe Sakhaaee ||3||	The Name is my companion, who will help me in the end. ||3||	ਨਾਮ ਹੀ ਮੇਰੇ ਨਾਲ ਆਖ਼ਰ ਨੂੰ ਸਹਾਇਤਾ ਕਰਨ ਵਾਲਾ ਬਣ ਸਕਦਾ ਹੈ ॥੩॥
49728	1157	ਮਾਇਆ ਮਹਿ ਜਿਸੁ ਰਖੈ ਉਦਾਸੁ॥		Maaeiaa Mehi Jis Rakhai Oudhaas ||	One whom the Lord keeps detached from Maya	ਜਿਸ ਨੂੰ ਪ੍ਰਭੂ ਮਾਇਆ ਵਿਚ ਰਹਿੰਦੇ ਹੋਏ ਨੂੰ ਮਾਇਆ ਤੋਂ ਨਿਰਲੇਪ ਰੱਖਦਾ ਹੈ,
49729	1157	ਕਹਿ ਕਬੀਰ ਹਉ ਤਾ ਕੋ ਦਾਸੁ॥੪॥੧॥		Kehi Kabeer Ho Thaa Ko Dhaas ||4||1||	- says Kabeer, I am his slave. ||4||1||	ਕਬੀਰ ਆਖਦਾ ਹੈ ਕਿ ਮੈਂ ਉਸ ਮਨੁੱਖ ਦਾ ਸੇਵਕ ਹਾਂ ॥੪॥੧॥

49730	1157	ਨਾਂਗੇ ਆਵਨੁ ਨਾਂਗੇ ਜਾਨਾ॥		Naangae Aavan Naangae Jaanaa ||	Naked we come, and naked we go.	(ਜਗਤ ਵਿਚ) ਨੰਗੇ ਆਈਦਾ ਹੈ, ਤੇ ਨੰਗੇ ਹੀ (ਇੱਥੋਂ) ਤੁਰ ਪਈਦਾ ਹੈ।
49731	1157	ਕੋਇ ਨ ਰਹਿਹੈ ਰਾਜਾ ਰਾਨਾ॥੧॥		Koe N Rehihai Raajaa Raanaa ||1||	No one, not even the kings and queens, shall remain. ||1||	ਕੋਈ ਰਾਜਾ ਹੋਵੇ, ਅਮੀਰ ਹੋਵੇ, ਕਿਸੇ ਨੇ ਇੱਥੇ ਸਦਾ ਨਹੀਂ ਰਹਿਣਾ ॥੧॥
49732	1158	ਰਾਮੁ ਰਾਜਾ ਨਉ ਨਿਧਿ ਮੇਰੈ॥		Raam Raajaa No Nidhh Maerai ||	The Sovereign Lord is the nine treasures for me.	ਮੇਰੇ ਲਈ ਤਾਂ ਜਗਤ ਦੇ ਮਾਲਕ ਪ੍ਰਭੂ ਦਾ ਨਾਮ ਹੀ ਜਗਤ ਦਾ ਸਾਰਾ ਧਨ-ਮਾਲ ਹੈ (ਭਾਵ, ਪ੍ਰਭੂ ਮੇਰੇ ਹਿਰਦੇ ਵਿਚ ਵੱਸਦਾ ਹੈ, ਇਹੀ ਮੇਰੇ ਲਈ ਸਭ ਕੁਝ ਹੈ)।
49733	1158	ਸੰਪੈ ਹੇਤੁ ਕਲਤੁ ਧਨੁ ਤੇਰੈ॥੧॥ਰਹਾਉ॥	ਕ-ਲੱਤੁ	Sanpai Haeth Kalath Dhhan Thaerai ||1|| Rehaao ||	The possessions and the spouse to which the mortal is lovingly attached, are Your wealth, O Lord. ||1||Pause||	ਪਰ ਤੇਰੇ ਭਾਣੇ ਐਸ਼੍ਵਰਜ ਦਾ ਮੋਹ, ਇਸਤ੍ਰੀ ਧਨ-(ਇਹੀ ਜ਼ਿੰਦਗੀ ਦਾ ਸਹਾਰਾ ਹਨ) ॥੧॥ ਰਹਾਉ ॥
49734	1158	ਆਵਤ ਸੰਗ ਨ ਜਾਤ ਸੰਗਾਤੀ॥		Aavath Sang N Jaath Sangaathee ||	They do not come with the mortal, and they do not go with him.	(ਇਹ ਅਪਣਾ ਸਰੀਰ ਭੀ) ਜੋ ਜਨਮ ਵੇਲੇ ਨਾਲ ਆਉਂਦਾ ਹੈ (ਤੁਰਨ ਵੇਲੇ) ਨਾਲ ਨਹੀਂ ਜਾਂਦਾ।
49735	1158	ਕਹਾ ਭਇਓ ਦਰਿ ਬਾਂਧੇ ਹਾਥੀ॥੨॥		Kehaa Bhaeiou Dhar Baandhhae Haathhee ||2||	What good does it do him, if he has elephants tied up at his doorway? ||2||	(ਫਿਰ) ਜੇ ਬੂਹੇ ਉੱਤੇ ਹਾਥੀ ਬੱਝੇ ਹੋਏ ਹਨ, ਤਾਂ ਭੀ ਕੀਹ ਹੋਇਆ ॥੨॥
49736	1158	ਲੰਕਾ ਗਢੁ ਸੋਨੇ ਕਾ ਭਇਆ॥		Lankaa Gadt Sonae Kaa Bhaeiaa ||	The fortress of Sri Lanka was made out of gold,	(ਲੋਕ ਆਖਦੇ ਹਨ ਕਿ) ਲੰਕਾ ਦਾ ਕਿਲ੍ਹਾ ਸੋਨੇ ਦਾ ਬਣਿਆ ਹੋਇਆ ਸੀ,

49737	1158	ਮੂਰਖੁ ਰਾਵਨੁ ਕਿਆ ਲੇ ਗਇਆ॥੩॥	ਗ-ਇਆ	Moorakh Raavan Kiaa Lae Gaeiaa ||3||	But what could the foolish Raawan take with him when he left? ||3||	(ਪਰ ਇਸੇ ਦੇ ਮਾਣ ਉੱਤੇ ਰਹਿਣ ਵਾਲਾ) ਮੂਰਖ ਰਾਵਣ (ਮਰਨ ਵੇਲੇ) ਆਪਣੇ ਨਾਲ ਕੁਝ ਭੀ ਨਾਹ ਲੈ ਤੁਰਿਆ ॥੩॥
49738	1158	ਕਹਿ ਕਬੀਰ ਕਿਛੁ ਗੁਨੁ ਬੀਚਾਰਿ॥		Kehi Kabeer Kishh Gun Beechaar ||	Says Kabeer, think of doing some good deeds.	ਕਬੀਰ ਆਖਦਾ ਹੈ ਕਿ ਕੋਈ ਭਲਿਆਈ ਦੀ ਗੱਲ ਭੀ ਵਿਚਾਰ,
49739	1158	ਚਲੇ ਜੁਆਰੀ ਦੁਇ ਹਥ ਝਾਰਿ॥੪॥੨॥		Chalae Juaaree Dhue Hathh Jhaar ||4||2||	In the end, the gambler shall depart empty-handed. ||4||2||	(ਧਨ ਉੱਤੇ ਮਾਣ ਕਰਨ ਵਾਲਾ ਬੰਦਾ) ਜੁਆਰੀਏ ਵਾਂਗ (ਜਗਤ ਤੋਂ) ਖ਼ਾਲੀ-ਹੱਥ ਤੁਰ ਪੈਂਦਾ ਹੈ ॥੪॥੨॥
49740	1158	ਮੈਲਾ ਬ੍ਰਹਮਾ ਮੈਲਾ ਇੰਦੁ॥		Mailaa Brehamaa Mailaa Eindh ||	Brahma is polluted, and Indra is polluted.	ਬ੍ਰਹਮਾ (ਭਾਵੇਂ ਜਗਤ ਦਾ ਪੈਦਾ ਕਰਨ ਵਾਲਾ ਮਿਥਿਆ ਜਾਂਦਾ ਹੈ ਪਰ) ਬ੍ਰਹਮਾ ਭੀ ਮੈਲਾ, ਇੰਦਰ ਭੀ ਮੈਲਾ (ਭਾਵੇਂ ਉਹ ਦੇਵਤਿਆਂ ਦਾ ਰਾਜਾ ਮਿਥਿਆ ਗਿਆ ਹੈ)।
49741	1158	ਰਵਿ ਮੈਲਾ ਮੈਲਾ ਹੈ ਚੰਦੁ॥੧॥		Rav Mailaa Mailaa Hai Chandh ||1||	The sun is polluted, and the moon is polluted. ||1||	(ਦੁਨੀਆ ਨੂੰ ਚਾਨਣ ਦੇਣ ਵਾਲੇ) ਸੂਰਜ ਤੇ ਚੰਦ੍ਰਮਾ ਭੀ ਮੈਲੇ ਹਨ ॥੧॥
49742	1158	ਮੈਲਾ ਮਲਤਾ ਇਹੁ ਸੰਸਾਰੁ॥		Mailaa Malathaa Eihu Sansaar ||	This world is polluted with pollution.	ਇਹ (ਸਾਰਾ) ਸੰਸਾਰ ਮੈਲਾ ਹੈ, ਮਲੀਨ ਹੈ,

49743	1158	ਇਕੁ ਹਰਿ ਨਿਰਮਲੁ ਜਾ ਕਾ ਅੰਤੁ ਨ ਪਾਰੁ॥੧॥ਰਹਾਉ॥		Eik Har Niramal Jaa Kaa Anth N Paar ||1|| Rehaao ||	Only the One Lord is Immaculate; He has no end or limitation. ||1||Pause||	ਕੇਵਲ ਪਰਮਾਤਮਾ ਹੀ ਪਵਿੱਤਰ ਹੈ, (ਇਤਨਾ ਪਵਿੱਤਰ ਹੈ ਕਿ ਉਸ ਦੀ ਪਵਿੱਤ੍ਰਤਾ ਦਾ) ਅੰਤ ਨਹੀਂ ਪਾਇਆ ਜਾ ਸਕਦਾ, ਪਾਰਲਾ ਬੰਨਾ ਨਹੀਂ ਲੱਭ ਸਕਦਾ ॥੧॥ ਰਹਾਉ ॥
49744	1158	ਮੈਲੇ ਬ੍ਰਹਮੰਡਾਇ ਕੈ ਈਸ॥	(ਬ੍ਰਹਮੰਡਾਇ) ਬ੍ਰਹਮੰਡਾਂ ਕੈਦੇ। (ਈਸ)ਰਾਜੇ (ਦੂਜਾ ਪਾਠ: ਕੈਈਸ)	Mailae Brehamanddaae Kai Ees ||	The rulers of kingdoms are polluted.	ਬ੍ਰਹਿਮੰਡਾਂ ਦੇ ਰਾਜੇ (ਭੀ ਹੋ ਜਾਣ ਤਾਂ ਭੀ) ਮੈਲੇ ਹਨ;
49745	1158	ਮੈਲੇ ਨਿਸਿ ਬਾਸੁਰ ਦਿਨ ਤੀਸ॥੨॥		Mailae Nis Baasur Dhin Thees ||2||	Nights and days, and the days of the month are polluted. ||2||	ਰਾਤ ਦਿਨ, ਮਹੀਨੇ ਦੇ ਤ੍ਰੀਹੇ ਦਿਨ ਸਭ ਮੈਲੇ ਹਨ (ਬੇਅੰਤ ਜੀਅ-ਜੰਤ ਵਿਕਾਰਾਂ ਨਾਲ ਇਹਨਾਂ ਨੂੰ ਮੈਲਾ ਕਰੀ ਜਾ ਰਹੇ ਹਨ) ॥੨॥
49746	1158	ਮੈਲਾ ਮੋਤੀ ਮੈਲਾ ਹੀਰੁ॥		Mailaa Mothee Mailaa Heer ||	The pearl is polluted, the diamond is polluted.	(ਇਤਨੇ ਕੀਮਤੀ ਹੁੰਦੇ ਹੋਏ ਭੀ) ਮੋਤੀ ਤੇ ਹੀਰੇ ਭੀ ਮੈਲੇ ਹਨ,
49747	1158	ਮੈਲਾ ਪਵਨੁ ਪਾਵਕੁ ਅਰੁ ਨੀਰੁ॥੩॥		Mailaa Poun Paavak Ar Neer ||3||	Wind, fire and water are polluted. ||3||	ਹਵਾ, ਅੱਗ ਤੇ ਪਾਣੀ ਭੀ ਮੈਲੇ ਹਨ ॥੩॥
49748	1158	ਮੈਲੇ ਸਿਵ ਸੰਕਰਾ ਮਹੇਸ॥		Mailae Siv Sankaraa Mehaes ||	Shiva, Shankara and Mahaysh are polluted.	ਸ਼ਿਵ-ਸ਼ੰਕਰ-ਮਹੇਸ਼ ਭੀ ਮੈਲੇ ਹਨ (ਭਾਵੇਂ ਇਹ ਵੱਡੇ ਦੇਵਤੇ ਮਿਥੇ ਗਏ ਹਨ)।

49749	1158	ਮੈਲੇ ਸਿਧ ਸਾਧਿਕ ਅਰੁ ਭੇਖ॥੪॥		Mailae Sidhh Saadhhik Ar Bhaekh ||4||	The Siddhas, seekers and strivers, and those who wear religious robes, are polluted. ||4||	ਸਿੱਧ, ਸਾਧਕ ਤੇ ਭੇਖਧਾਰੀ ਸਾਧੂ ਸਭ ਮੈਲੇ ਹਨ ॥੪॥
49750	1158	ਮੈਲੇ ਜੋਗੀ ਜੰਗਮ ਜਟਾ ਸਹੇਤਿ॥		Mailae Jogee Jangam Jattaa Sehaeth ||	The Yogis and wandering hermits with their matted hair are polluted.	ਜੋਗੀ, ਜੰਗਮ, ਜਟਾਧਾਰੀ ਸਭ ਅਪਵਿੱਤਰ ਹਨ;
49751	1158	ਮੈਲੀ ਕਾਇਆ ਹੰਸ ਸਮੇਤਿ॥੫॥		Mailee Kaaeiaa Hans Samaeth ||5||	The body, along with the swan-soul, is polluted. ||5||	ਇਹ ਸਰੀਰ ਭੀ ਮੈਲਾ ਤੇ ਜੀਵਾਤਮਾ ਭੀ ਮੈਲਾ ਹੋਇਆ ਪਿਆ ਹੈ ॥੫॥
49752	1158	ਕਹਿ ਕਬੀਰ ਤੇ ਜਨ ਪਰਵਾਨ॥		Kehi Kabeer Thae Jan Paravaan ||	Says Kabeer, those humble beings are approved and pure,	ਕਬੀਰ ਆਖਦਾ ਹੈ ਕਿ ਸਿਰਫ਼ ਉਹ ਮਨੁੱਖ (ਪ੍ਰਭੂ ਦੇ ਦਰ ਤੇ) ਕਬੂਲ ਹਨ,
49753	1158	ਨਿਰਮਲ ਤੇ ਜੋ ਰਾਮਹਿ ਜਾਨ॥੬॥੩॥		Niramal Thae Jo Raamehi Jaan ||6||3||	Who know the Lord. ||6||3||	ਸਿਰਫ਼ ਉਹ ਮਨੁੱਖ ਪਵਿੱਤਰ ਹਨ ਜਿਨ੍ਹਾਂ ਨੇ ਪਰਮਾਤਮਾ ਨਾਲ ਸਾਂਝ ਪਾਈ ਹੈ ॥੬॥੩॥
49754	1158	ਮਨੁ ਕਰਿ ਮਕਾ ਕਿਬਲਾ ਕਰਿ ਦੇਹੀ॥	ਮੱਕਾ। ਕਿਬਲਾ: ਪੋਲਾ ਬੋਲੋ	Man Kar Makaa Kibalaa Kar Dhaehee ||	Let your mind be Mecca, and your body the temple of worship.	ਹੇ ਮੁੱਲਾਂ! ਮਨ ਨੂੰ ਮੱਕਾ ਅਤੇ ਪਰਮਾਤਮਾ ਨੂੰ ਕਿਬਲਾ ਬਣਾ। (ਅੰਤਹਕਰਨ ਮੱਕਾ ਹੈ ਅਤੇ ਸਭ ਸਰੀਰਾਂ ਦਾ ਸੁਆਮੀ ਕਰਤਾਰ ਉਸ ਵਿਚ ਪੂਜਯ ਹੈ)।
49755	1158	ਬੋਲਨਹਾਰੁ ਪਰਮ ਗੁਰੁ ਏਹੀ॥੧॥		Bolanehaar Param Gur Eaehee ||1||	Let the Supreme Guru be the One who speaks. ||1||	ਬੋਲਣਹਾਰ ਜੀਵਾਤਮਾ ਬਾਂਗ ਦੇਣ ਵਾਲਾ ਅਤੇ ਆਗੂ ਹੋ ਕੇ ਨਿਮਾਜ਼ ਪੜ੍ਹਣ ਵਾਲਾ ਪਰਮ ਗੁਰ (ਇਮਾਮ) ਹੈ ॥੧॥

49756	1158	ਕਹੁ ਰੇ ਮੁਲਾਂ ਬਾਂਗ ਨਿਵਾਜ॥		Kahu Rae Mulaan Baang Nivaaj ||	O Mullah, utter the call to prayer.	ਹੇ ਮੁੱਲਾਂ! ਇਹ ਦਸ ਦਰਵਾਜ਼ਿਆਂ (ਇੰਦ੍ਰਿਆਂ) ਵਾਲਾ ਸਰੀਰ ਹੀ ਅਸਲ ਮਸੀਤ ਹੈ,
49757	1158	ਏਕ ਮਸੀਤਿ ਦਸੈ ਦਰਵਾਜ॥੧॥ਰਹਾਉ ॥		Eaek Maseeth Dhasai Dharavaaj ||1|| Rehaao ||	The one mosque has ten doors. ||1||Pause||	ਇਸ ਵਿਚ ਟਿਕ ਕੇ ਬਾਂਗ ਦੇਹ ਤੇ ਨਿਮਾਜ਼ ਪੜ੍ਹ ॥੧॥ ਰਹਾਉ ॥

49758	1158	ਮਿਸਿਮਿਲਿ ਤਾਮਸੁ ਭਰਮੁ ਕਦੂਰੀ॥	ਮੁਹੰਮਦ ਸਾਹਿਬ ਜੀ ਦੀ ਸਪੁੱਤ੍ਰੀ ਫਾਤਿਮਾ ਦੇ ਨਾਉ ਤੇ ਭੋਜਨ ਤਿਆਰ ਕਰਕੇ, ਉੱਪਰ ਰੁਮਾਲ ਪਾ ਕੇ, ਉਸ ਦੇ ਨਾਉ ਦਾ ਫਾਤਿਹਾ ਪੜ੍ਹਨ ਨੂੰ ਕਦੂਰੀ ਕਹਿੰਦੇ ਹਨ, ਜੀਆਂ ਨੂੰ ਮਾਰਨ ਰੂਪ ਤਮੋ ਗੁਣ ਅਤੇ ਭਰਮ ਨੂੰ ਜਿਬਹਿ ਭਾਵ ਕੱਟਣ ਰੂਪ ਕਦੂਰੀ ਕਰੋ।ਪ੍ਰਮੇਸ਼ਰ ਦਾ ਨਾਮ ਸ਼ੁਰੂ ਕਰਨ ਨੂੰ ਬਿਸਮਿੱਲਾ ਕਹਿੰਦੇ ਹਨ, ਬਿਸਮਿੱਲਾ ਕਹਿ ਕੇ ਗਲ਼ਾ ਕੱਟਦੇ ਹਨ, ਗਲ਼ਾ ਕੱਟਣ ਵੇਲ਼ੇ ਬਿਸਮਿੱਲਾ ਨਹੀਂ ਕਹਿਣ ਚਾਹੀਦਾ। ਤਾਮਸ ਤਮੋ ਗੁਣ। ਕਦੂਰੀ ਆਪਣੇ ਇਸ਼ਟ ਅੱਗੇ ਪਦਾਰਥ ਦਾ ਅਰਪਣਾ। ਇਧਰ ਭਰਮ ਨੂੰ ਕਦੂਰੀ ਕੱਟਣਾ ਹੀ ਕਦੂਰੀ ਹੈ।ਮਿਸਿ-ਮਿਲਿ	Misimil Thaamas Bharam Kadhooree ||	So slaughter your evil nature, doubt and cruelty;	(ਹੇ ਮੁੱਲਾਂ! ਪਸ਼ੂ ਦੀ ਕੁਰਬਾਨੀ ਦੇਣ ਦੇ ਥਾਂ ਆਪਣੇ ਅੰਦਰੋਂ) ਕ੍ਰੋਧੀ ਸੁਭਾਉ, ਭਟਕਣਾ ਤੇ ਕਦੂਰਤ ਦੂਰ ਕਰ,
49759	1158	ਭਾਖਿਲੇ ਪੰਚੈ ਹੋਇ ਸਬੂਰੀ॥੨॥	(ਪੰਚੈ) ਪੰਜੇ ਕਾਮਾਦਿਕ। ਸਬੂਰੀ ਸੰਤੋਖ। ਭਾਖਿ-ਲੇ	Bhaakh Lae Panchai Hoe Sabooree ||2||	Consume the five demons and you shall be blessed with contentment. ||2||	ਕਾਮਾਦਿਕ ਪੰਜਾਂ ਨੂੰ ਮੁਕਾ ਦੇਹ, ਤੇਰੇ ਅੰਦਰ ਸ਼ਾਂਤੀ ਪੈਦਾ ਹੋਵੇਗੀ ॥੨॥

49760	1158	ਹਿੰਦੂ ਤੁਰਕ ਕਾ ਸਾਹਿਬੁ ਏਕ॥		Hindhoo Thurak Kaa Saahib Eaek ||	Hindus and Muslims have the same One Lord and Master.	ਹਿੰਦੂ ਤੇ ਮੁਸਲਮਾਨ ਦੋਹਾਂ ਦਾ ਮਾਲਕ ਪ੍ਰਭੂ ਆਪ ਹੀ ਹੈ।
49761	1158	ਕਹ ਕਰੈ ਮੁਲਾਂ ਕਹ ਕਰੈ ਸੇਖ॥੩॥		Keh Karai Mulaan Keh Karai Saekh ||3||	What can the Mullah do, and what can the Shaykh do? ||3||	ਮੁੱਲਾਂ ਜਾਂ ਸ਼ੇਖ਼ (ਬਣਿਆਂ ਪ੍ਰਭੂ ਦੀ ਹਜ਼ੂਰੀ ਵਿਚ) ਕੋਈ ਖ਼ਾਸ ਵੱਡਾ ਮਰਾਤਬਾ ਨਹੀਂ ਮਿਲ ਜਾਂਦਾ ॥੩॥
49762	1158	ਕਹਿ ਕਬੀਰ ਹਉ ਭਇਆ ਦਿਵਾਨਾ॥		Kehi Kabeer Ho Bhaeiaa Dhivaanaa ||	Says Kabeer, I have gone insane.	ਕਬੀਰ ਆਖਦਾ ਹੈ ਕਿ (ਮੇਰੀਆਂ ਇਹ ਗੱਲਾਂ ਤੰਗ-ਦਿਲ ਲੋਕਾਂ ਨੂੰ ਪਾਗਲਾਂ ਵਾਲੀਆਂ ਜਾਪਦੀਆਂ ਹਨ; ਲੋਕਾਂ ਦੇ ਭਾਣੇ) ਮੈਂ ਪਾਗਲ ਹੋ ਗਿਆ ਹਾਂ,
49763	1158	ਮੁਸਿ ਮੁਸਿ ਮਨੂਆ ਸਹਜਿ ਸਮਾਨਾ॥੪॥੪॥	ਮੁੱਸਿ ਮੁੱਸਿ	Mus Mus Manooaa Sehaj Samaanaa ||4||4||	Slaughtering, slaughtering my mind, I have merged into the Celestial Lord. ||4||4||	ਪਰ ਮੇਰਾ ਮਨ ਹੌਲੇ ਹੌਲੇ (ਅੰਦਰਲਾ ਹੱਜ ਕਰ ਕੇ ਹੀ) ਅਡੋਲ ਅਵਸਥਾ ਵਿਚ ਟਿਕ ਗਿਆ ਹੈ ॥੪॥੪॥
49764	1158	ਗੰਗਾ ਕੈ ਸੰਗਿ ਸਲਿਤਾ ਬਿਗਰੀ॥	ਸਲਿ-ਤਾ: ਪੋਲਾ ਬੋਲੋ	Gangaa Kai Sang Salithaa Bigaree ||	When the stream flows into the Ganges,	(ਹੇ ਜਿੰਦ ਦੇ ਮਾਲਕ ਪ੍ਰਭੂ ਦੀ ਚਰਨੀਂ ਲੱਗਣਾ ਵਿਗੜਨਾ ਹੀ ਹੈ ਤਾਂ) ਨਦੀ ਭੀ ਗੰਗਾ ਨਾਲ ਰਲ ਕੇ ਵਿਗੜ ਜਾਂਦੀ ਹੈ,
49765	1158	ਸੋ ਸਲਿਤਾ ਗੰਗਾ ਹੋਇ ਨਿਬਰੀ॥੧॥		So Salithaa Gangaa Hoe Nibaree ||1||	Then it becomes the Ganges. ||1||	ਪਰ ਉਹ ਨਦੀ ਤਾਂ ਗੰਗਾ ਦਾ ਰੂਪ ਹੋ ਕੇ ਆਪਣਾ ਆਪ ਮੁਕਾ ਦੇਂਦੀ ਹੈ ॥੧॥
49766	1158	ਬਿਗਰਿਓ ਕਬੀਰਾ ਰਾਮ ਦੁਹਾਈ॥		Bigariou Kabeeraa Raam Dhuhaaee ||	Just so, Kabeer has changed.	ਕਬੀਰ ਆਪਣੇ ਪ੍ਰਭੂ ਦਾ ਸਿਮਰਨ ਹਰ ਵੇਲੇ ਕਰ ਰਿਹਾ ਹੈ (ਪਰ ਲੋਕਾਂ ਦੇ ਭਾਣੇ) ਕਬੀਰ ਵਿਗੜ ਗਿਆ ਹੈ।

49767	1158	ਸਾਚੁ ਭਇਓ ਅਨ ਕਤਹਿ ਨ ਜਾਈ॥੧॥ਰਹਾਉ॥		Saach Bhaeiou An Kathehi N Jaaee ||1|| Rehaao ||	He has become the Embodiment of Truth, and he does not go anywhere else. ||1||Pause||	(ਲੋਕ ਨਹੀਂ ਜਾਣਦੇ ਕਿ ਰਾਮ ਦੀ ਦੁਹਾਈ ਦੇ ਦੇ ਕੇ) ਕਬੀਰ ਰਾਮ ਦਾ ਰੂਪ ਹੋ ਗਿਆ ਹੈ, ਹੁਣ (ਰਾਮ ਨੂੰ ਛੱਡ ਕੇ) ਕਿਸੇ ਹੋਰ ਪਾਸੇ ਨਹੀਂ ਭਟਕਦਾ ॥੧॥ ਰਹਾਉ ॥
49768	1158	ਚੰਦਨ ਕੈ ਸੰਗਿ ਤਰਵਰੁ ਬਿਗਰਿਓ॥		Chandhan Kai Sang Tharavar Bigariou ||	Associating with the sandalwood tree, the tree nearby is changed;	(ਸਧਾਰਨ) ਰੁੱਖ ਭੀ ਚੰਦਨ ਦੇ ਨਾਲ (ਲੱਗ ਕੇ) ਵਿਗੜ ਜਾਂਦਾ ਹੈ,
49769	1158	ਸੋ ਤਰਵਰੁ ਚੰਦਨੁ ਹੋਇ ਨਿਬਰਿਓ॥੨॥		So Tharavar Chandhan Hoe Nibariou ||2||	That tree begins to smell just like the sandalwood tree. ||2||	ਪਰ ਉਹ ਰੁੱਖ ਚੰਦਨ ਦਾ ਰੂਪ ਹੋ ਕੇ ਆਪਣਾ ਆਪ ਮੁਕਾ ਲੈਂਦਾ ਹੈ ॥੨॥
49770	1158	ਪਾਰਸ ਕੈ ਸੰਗਿ ਤਾਂਬਾ ਬਿਗਰਿਓ॥		Paaras Kai Sang Thaanbaa Bigariou ||	Coming into contact with the philosophers' stone, copper is transformed;	ਤਾਂਬਾ ਭੀ ਪਾਰਸ ਨਾਲ ਛੋਹ ਕੇ ਰੂਪ ਵਟਾ ਲੈਂਦਾ ਹੈ,
49771	1158	ਸੋ ਤਾਂਬਾ ਕੰਚਨੁ ਹੋਇ ਨਿਬਰਿਓ॥੩॥		So Thaanbaa Kanchan Hoe Nibariou ||3||	That copper is transformed into gold. ||3||	ਪਰ ਉਹ ਤਾਂਬਾ ਸੋਨਾ ਹੀ ਬਣ ਜਾਂਦਾ ਹੈ ਤੇ ਆਪਣਾ ਆਪ ਮੁਕਾ ਦੇਂਦਾ ਹੈ ॥੩॥
49772	1158	ਸੰਤਨ ਸੰਗਿ ਕਬੀਰਾ ਬਿਗਰਿਓ॥		Santhan Sang Kabeeraa Bigariou ||	In the Society of the Saints, Kabeer is transformed;	(ਇਸੇ ਤਰ੍ਹਾਂ) ਕਬੀਰ ਭੀ ਸੰਤਾਂ ਦੀ ਸੰਗਤ ਵਿਚ ਰਹਿ ਕੇ ਵਿਗੜ ਗਿਆ ਹੈ।

49773	1158	ਸੋ ਕਬੀਰੁ ਰਾਮੈ ਹੋਇ ਨਿਬਰਿਓ॥੪॥੫॥		So Kabeer Raamai Hoe Nibariou ||4||5||	That Kabeer is transformed into the Lord. ||4||5||	ਪਰ ਇਹ ਕਬੀਰ ਹੁਣ ਪ੍ਰਭੂ ਨਾਲ ਇੱਕ-ਮਿੱਕ ਹੋ ਗਿਆ ਹੈ, ਤੇ ਆਪਾ-ਭਾਵ ਮੁਕਾ ਚੁਕਿਆ ਹੈ ॥੪॥੫॥
49774	1158	ਮਾਥੇ ਤਿਲਕੁ ਹਥਿ ਮਾਲਾ ਬਾਨਾਂ॥		Maathhae Thilak Hathh Maalaa Baanaan ||	Some apply ceremonial marks to their foreheads, hold malas in their hands, and wear religious robes.	(ਲੋਕ) ਮੱਥੇ ਉੱਤੇ ਤਿਲਕ ਲਾ ਲੈਂਦੇ ਹਨ, ਹੱਥ ਵਿਚ ਮਾਲਾ ਫੜ ਲੈਂਦੇ ਹਨ, ਧਾਰਮਿਕ ਪਹਿਰਾਵਾ ਬਣਾ ਲੈਂਦੇ ਹਨ, (ਤੇ ਸਮਝਦੇ ਹਨ ਕਿ ਪਰਮਾਤਮਾ ਦੇ ਭਗਤ ਬਣ ਗਏ ਹਾਂ),
49775	1158	ਲੋਗਨ ਰਾਮੁ ਖਿਲਉਨਾ ਜਾਨਾਂ॥੧॥		Logan Raam Khilounaa Jaanaan ||1||	Some people think that the Lord is a play-thing. ||1||	ਲੋਕਾਂ ਨੇ ਪਰਮਾਤਮਾ ਨੂੰ ਖਿਡੌਣਾ (ਭਾਵ, ਅੰਞਾਣਾ ਬਾਲ) ਸਮਝ ਲਿਆ ਹੈ (ਕਿ ਇਹਨੀਂ ਗਲੀਂ ਉਸ ਨੂੰ ਪਰਚਾਇਆ ਜਾ ਸਕਦਾ ਹੈ) ॥੧॥
49776	1158	ਜਉ ਹਉ ਬਉਰਾ ਤਉ ਰਾਮ ਤੋਰਾ॥		Jo Ho Bouraa Tho Raam Thoraa ||	If I am insane, then I am Yours, O Lord.	(ਮੈਂ ਕੋਈ ਧਾਰਮਿਕ ਭੇਖ ਨਹੀਂ ਬਣਾਂਦਾ, ਮੈਂ ਮੰਦਰ ਆਦਿਕ ਵਿਚ ਜਾ ਕੇ ਕਿਸੇ ਦੇਵਤੇ ਦੀ ਪੂਜਾ ਨਹੀਂ ਕਰਦਾ, ਲੋਕ ਮੈਨੂੰ ਪਾਗਲ ਆਖਦੇ ਹਨ; ਪਰ ਹੇ ਮੇਰੇ ਰਾਮ! ਜੇ ਮੈਂ (ਲੋਕਾਂ ਦੇ ਭਾਣੇ) ਪਾਗਲ ਹਾਂ, ਤਾਂ ਭੀ (ਮੈਨੂੰ ਇਹ ਠੰਢ ਹੈ ਕਿ) ਮੈਂ ਤੇਰਾ (ਸੇਵਕ) ਹਾਂ।

49777	1158	ਲੋਗੁ ਮਰਮੁ ਕਹ ਜਾਨੈ ਮੋਰਾ॥੧॥ਰਹਾਉ॥		Log Maram Keh Jaanai Moraa ||1|| Rehaao ||	How can people know my secret? ||1||Pause||	ਦੁਨੀਆ ਭਲਾ ਮੇਰੇ ਦਿਲ ਦਾ ਭੇਤ ਕੀਹ ਜਾਣ ਸਕਦੀ ਹੈ? ॥੧॥ ਰਹਾਉ ॥
49778	1158	ਤੋਰਉ ਨ ਪਾਤੀ ਪੂਜਉ ਨ ਦੇਵਾ॥		Thoro N Paathee Poojo N Dhaevaa ||	I do not pick leaves as offerings, and I do not worship idols.	(ਦੇਵਤਿਆਂ ਅੱਗੇ ਭੇਟ ਧਰਨ ਲਈ) ਨਾਹ ਹੀ ਮੈਂ (ਫੁੱਲ) ਪੱਤਰ ਤੋੜਦਾ ਹਾਂ, ਨਾਹ ਮੈਂ ਕਿਸੇ ਦੇਵੀ ਦੇਵਤੇ ਦੀ ਪੂਜਾ ਕਰਦਾ ਹਾਂ,
49779	1158	ਰਾਮ ਭਗਤਿ ਬਿਨੁ ਨਿਹਫਲ ਸੇਵਾ॥੨॥		Raam Bhagath Bin Nihafal Saevaa ||2||	Without devotional worship of the Lord, service is useless. ||2||	(ਮੈਂ ਜਾਣਦਾ ਹਾਂ ਕਿ) ਪ੍ਰਭੂ ਦੀ ਬੰਦਗੀ ਤੋਂ ਬਿਨਾ ਹੋਰ ਕਿਸੇ ਦੀ ਪੂਜਾ ਵਿਅਰਥ ਹੈ ॥੨॥
49780	1158	ਸਤਿਗੁਰੁ ਪੂਜਉ ਸਦਾ ਸਦਾ ਮਨਾਵਉ॥		Sathigur Poojo Sadhaa Sadhaa Manaavo ||	I worship the True Guru; forever and ever, I surrender to Him.	ਮੈਂ ਆਪਣੇ ਸਤਿਗੁਰੂ ਅੱਗੇ ਸਿਰ ਨਿਵਾਉਂਦਾ ਹਾਂ, ਉਸੇ ਨੂੰ ਸਦਾ ਪ੍ਰਸੰਨ ਕਰਦਾ ਹਾਂ,
49781	1158	ਐਸੀ ਸੇਵ ਦਰਗਹ ਸੁਖੁ ਪਾਵਉ॥੩॥		Aisee Saev Dharageh Sukh Paavo ||3||	By such service, I find peace in the Court of the Lord. ||3||	ਤੇ ਇਸ ਸੇਵਾ ਦੀ ਬਰਕਤਿ ਨਾਲ ਪ੍ਰਭੂ ਦੀ ਹਜ਼ੂਰੀ ਵਿਚ ਜੁੜ ਕੇ ਸੁਖ ਮਾਣਦਾ ਹਾਂ ॥੩॥

49782	1158	ਲੋਗੁ ਕਹੈ ਕਬੀਰੁ ਬਉਰਾਨਾ॥		Log Kehai Kabeer Bouraanaa ||	People say that Kabeer has gone insane.	(ਹਿੰਦੂ-) ਜਗਤ ਆਖਦਾ ਹੈ, ਕਬੀਰ ਪਾਗਲ ਹੋ ਗਿਆ ਹੈ (ਕਿਉਂਕਿ ਨਾਹ ਇਹ ਤਿਲਕ ਆਦਿਕ ਚਿਹਨ ਵਰਤਦਾ ਹੈ ਤੇ ਨਾਹ ਹੀ ਫੁੱਲ ਪੱਤਰ ਲੈ ਕੇ ਕਿਸੇ ਮੰਦਰ ਵਿਚ ਭੇਟ ਕਰਨ ਜਾਂਦਾ ਹੈ),
49783	1158	ਕਬੀਰ ਕਾ ਮਰਮੁ ਰਾਮ ਪਹਿਚਾਨਾਂ॥੪॥੬॥		Kabeer Kaa Maram Raam Pehichaanaan ||4||6||	Only the Lord realizes the secret of Kabeer. ||4||6||	ਪਰ ਕਬੀਰ ਦੇ ਦਿਲ ਦਾ ਭੇਤ ਕਬੀਰ ਦਾ ਪਰਮਾਤਮਾ ਜਾਣਦਾ ਹੈ ॥੪॥੬॥
49784	1158	ਉਲਟਿ ਜਾਤਿ ਕੁਲ ਦੋਊ ਬਿਸਾਰੀ॥		Oulatt Jaath Kul Dhooo Bisaaree ||	Turning away from the world, I have forgotten both my social class and ancestry.	(ਨਾਮ ਦੀ ਬਰਕਤਿ ਨਾਲ ਮਨ ਨੂੰ ਮਾਇਆ ਵਲੋਂ) ਉਲਟਾ ਕੇ ਮੈਂ ਜਾਤ ਤੇ ਕੁਲ ਦੋਵੇਂ ਵਿਸਾਰ ਦਿੱਤੀਆਂ ਹਨ (ਮੈਨੂੰ ਇਹ ਸਮਝ ਆ ਗਈ ਹੈ ਕਿ ਪ੍ਰਭੂ-ਮਿਲਾਪ ਦਾ ਕਿਸੇ ਖ਼ਾਸ ਜਾਤ ਜਾਂ ਕੁਲ ਨਾਲ ਸੰਬੰਧ ਨਹੀਂ ਹੈ)।
49785	1158	ਸੁੰਨ ਸਹਜ ਮਹਿ ਬੁਨਤ ਹਮਾਰੀ॥੧॥		Sunn Sehaj Mehi Bunath Hamaaree ||1||	My weaving now is in the most profound celestial stillness. ||1||	ਮੇਰੀ ਲਿਵ ਹੁਣ ਉਸ ਅਵਸਥਾ ਵਿਚ ਟਿਕੀ ਹੋਈ ਹੈ, ਜਿੱਥੇ ਮਾਇਆ ਦੇ ਫੁਰਨੇ ਨਹੀਂ ਹਨ, ਜਿੱਥੇ ਅਡੋਲਤਾ ਹੀ ਅਡੋਲਤਾ ਹੈ ॥੧॥

49786	1158	ਹਮਰਾ ਝਗਰਾ ਰਹਾ ਨ ਕੋਊ॥		Hamaraa Jhagaraa Rehaa N Kooo ||	I have no quarrel with anyone.	ਦੋਹਾਂ (ਦੇ ਦੱਸੇ ਕਰਮ-ਕਾਂਡ ਤੇ ਸ਼ਰਹ ਦੇ ਰਸਤੇ) ਨਾਲ ਮੇਰਾ ਕੋਈ ਵਾਸਤਾ ਨਹੀਂ ਰਿਹਾ (ਭਾਵ, ਕਰਮ-ਕਾਂਡ ਅਤੇ ਸ਼ਰਹ ਇਹ ਦੋਵੇਂ ਹੀ ਨਾਮ-ਸਿਮਰਨ ਦੇ ਟਾਕਰੇ ਤੇ ਤੁੱਛ ਹਨ)।
49787	1159	ਪੰਡਿਤ ਮੁਲਾਂ ਛਾਡੇ ਦੋਊ॥੧॥ਰਹਾਉ॥		Panddith Mulaan Shhaaddae Dhooo ||1|| Rehaao ||	I have abandoned both the Pandits, the Hindu religious scholars, and the Mullahs, the Muslim priests. ||1||Pause||	(ਜਿਉਂ ਜਿਉਂ ਮੈਂ ਨਾਮ ਸਿਮਰਨ ਦੀ ਤਾਣੀ ਉਣ ਰਿਹਾ ਹਾਂ) ਮੈਂ ਪੰਡਿਤ ਅਤੇ ਮੁੱਲਾਂ ਦੋਵੇਂ ਹੀ ਛੱਡ ਦਿੱਤੇ ਹਨ ॥੧॥ ਰਹਾਉ ॥
49788	1159	ਬੁਨਿ ਬੁਨਿ ਆਪ ਆਪੁ ਪਹਿਰਾਵਉ॥		Bun Bun Aap Aap Pehiraavo ||	I weave and weave, and wear what I weave.	(ਪ੍ਰਭੂ-ਚਰਨਾਂ ਵਿਚ ਟਿਕੀ ਸੁਰਤ ਦੀ ਤਾਣੀ) ਉਣ ਉਣ ਕੇ ਮੈਂ ਆਪਣੇ ਆਪ ਨੂੰ ਪਹਿਨਾ ਰਿਹਾ ਹਾਂ।
49789	1159	ਜਹ ਨਹੀ ਆਪੁ ਤਹਾ ਹੋਇ ਗਾਵਉ॥੨॥		Jeh Nehee Aap Thehaa Hoe Gaavo ||2||	Where egotism does not exist, there I sing God's Praises. ||2||	ਮੈਂ ਉੱਥੇ ਪਹੁੰਚ ਕੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰ ਰਿਹਾ ਹਾਂ ਜਿੱਥੇ ਆਪਾ-ਭਾਵ ਨਹੀਂ ਹੈ ॥੨॥
49790	1159	ਪੰਡਿਤ ਮੁਲਾਂ ਜੋ ਲਿਖਿ ਦੀਆ॥		Panddith Mulaan Jo Likh Dheeaa ||	Whatever the Pandits and Mullahs have written,	(ਕਰਮ-ਕਾਂਡ ਤੇ ਸ਼ਰਹ ਬਾਰੇ) ਪੰਡਿਤਾਂ ਅਤੇ ਮੌਲਵੀਆਂ ਨੇ ਜੋ ਕੁਝ ਲਿਖਿਆ ਹੈ,
49791	1159	ਛਾਡਿ ਚਲੇ ਹਮ ਕਛੂ ਨ ਲੀਆ॥੩॥	ਚੱਲੇ	Shhaadd Chalae Ham Kashhoo N Leeaa ||3||	I reject; I do not accept any of it. ||3||	ਮੈਨੂੰ ਕਿਸੇ ਦੀ ਭੀ ਲੋੜ ਨਹੀਂ ਰਹੀ, ਮੈਂ ਇਹ ਸਭ ਕੁਝ ਛੱਡ ਦਿੱਤਾ ਹੈ ॥੩॥

49792	1159	ਰਿਦੈ ਇਖਲਾਸੁ ਨਿਰਖਿ ਲੇ ਮੀਰਾ॥	(ਇਖਲਾਸੁ) ਨਿਸ਼ਕਪਟ ਪ੍ਰੇਮ	Ridhai Eikhalaas Nirakh Lae Meeraa ||	My heart is pure, and so I have seen the Lord within.	ਜੇ ਹਿਰਦੇ ਵਿਚ ਪ੍ਰੇਮ ਹੋਵੇ, ਤਾਂ ਹੀ ਪ੍ਰਭੂ ਦਾ ਦੀਦਾਰ ਹੋ ਸਕਦਾ ਹੈ (ਕਰਮ-ਕਾਂਡ ਅਤੇ ਸ਼ਰਹ ਸਹਾਇਤਾ ਨਹੀਂ ਕਰਦੇ)।
49793	1159	ਆਪੁ ਖੋਜਿ ਖੋਜਿ ਮਿਲੇ ਕਬੀਰਾ॥੪॥੭॥		Aap Khoj Khoj Milae Kabeeraa ||4||7||	Searching, searching within the self, Kabeer has met the Lord. ||4||7||	ਹੇ ਕਬੀਰ! ਜੋ ਭੀ ਪ੍ਰਭੂ ਨੂੰ ਮਿਲੇ ਹਨ ਆਪਾ ਖੋਜ ਖੋਜ ਕੇ ਹੀ ਮਿਲੇ ਹਨ (ਕਰਮ-ਕਾਂਡ ਅਤੇ ਸ਼ਰਹ ਦੀ ਮਦਦ ਨਾਲ ਨਹੀਂ ਮਿਲੇ) ॥੪॥੭॥
49794	1159	ਨਿਰਧਨ ਆਦਰੁ ਕੋਈ ਨ ਦੇਇ॥		Niradhhan Aadhar Koee N Dhaee ||	No one respects the poor man.	ਕੋਈ (ਧਨੀ) ਮਨੁੱਖ ਕਿਸੇ ਕੰਗਾਲ ਮਨੁੱਖ ਦਾ ਸਤਿਕਾਰ ਨਹੀਂ ਕਰਦਾ।
49795	1159	ਲਾਖ ਜਤਨ ਕਰੈ ਓਹੁ ਚਿਤਿ ਨ ਧਰੇਇ॥੧॥ਰਹਾਉ॥		Laakh Jathan Karai Ouhu Chith N Dhharaee ||1|| Rehaao ||	He may make thousands of efforts, but no one pays any attention to him. ||1||Pause||	ਕੰਗਾਲ ਮਨੁੱਖ ਭਾਵੇਂ ਲੱਖਾਂ ਜਤਨ (ਧਨੀ ਨੂੰ ਖ਼ੁਸ਼ ਕਰਨ ਦੇ) ਕਰੇ, ਉਹ ਧਨੀ ਮਨੁੱਖ (ਉਸ ਦੇ ਜਤਨਾਂ ਦੀ) ਪਰਵਾਹ ਨਹੀਂ ਰੱਖਦਾ ॥੧॥ ਰਹਾਉ ॥
49796	1159	ਜਉ ਨਿਰਧਨੁ ਸਰਧਨ ਕੈ ਜਾਇ॥		Jo Niradhhan Saradhhan Kai Jaae ||	When the poor man goes to the rich man,	ਜੇ ਕਦੇ ਕੋਈ ਗ਼ਰੀਬ ਬੰਦਾ ਕਿਸੇ ਧਨਵਾਨ ਦੇ ਘਰ ਚਲਾ ਜਾਏ,
49797	1159	ਆਗੇ ਬੈਠਾ ਪੀਠਿ ਫਿਰਾਇ॥੧॥		Aagae Baithaa Peeth Firaae ||1||	And sits right in front of him, the rich man turns his back on him. ||1||	ਅੱਗੋਂ ਉਹ ਧਨੀ ਬੈਠਾ (ਉਸ ਗ਼ਰੀਬ ਵਲੋਂ) ਪਿੱਠ ਮੋੜ ਲੈਂਦਾ ਹੈ ॥੧॥

49798	1159	ਜਉ ਸਰਧਨੁ ਨਿਰਧਨ ਕੈ ਜਾਇ॥		Jo Saradhhan Niradhhan Kai Jaae ||	But when the rich man goes to the poor man,	ਪਰ ਜੇ ਧਨੀ ਮਨੁੱਖ ਗ਼ਰੀਬ ਦੇ ਘਰ ਜਾਏ,
49799	1159	ਦੀਆ ਆਦਰੁ ਲੀਆ ਬੁਲਾਇ॥੨॥		Dheeaa Aadhar Leeaa Bulaae ||2||	The poor man welcomes him with respect. ||2||	ਉਹ ਆਦਰ ਦੇਂਦਾ ਹੈ, ਜੀ-ਆਇਆਂ ਆਖਦਾ ਹੈ ॥੨॥
49800	1159	ਨਿਰਧਨ ਸਰਧਨੁ ਦੋਨਉ ਭਾਈ॥		Niradhhan Saradhhan Dhono Bhaaee ||	The poor man and the rich man are both brothers.	ਉਂਞ ਕੰਗਾਲ ਤੇ ਧਨੀ ਦੋਵੇਂ ਭਰਾ ਹੀ ਹਨ (ਧਨੀ ਨੂੰ ਇਤਨਾ ਮਾਣ ਨਹੀਂ ਕਰਨਾ ਚਾਹੀਦਾ)।
49801	1159	ਪ੍ਰਭ ਕੀ ਕਲਾ ਨ ਮੇਟੀ ਜਾਈ॥੩॥		Prabh Kee Kalaa N Maettee Jaaee ||3||	God's pre-ordained plan cannot be erased. ||3||	ਪ੍ਰਭੂ ਦੀ ਇਹ ਰਜ਼ਾ (ਜਿਸ ਕਰਕੇ ਕੋਈ ਗ਼ਰੀਬ ਰਹਿ ਗਿਆ ਤੇ ਕੋਈ ਧਨੀ ਬਣ ਗਿਆ) ਮਿਟਾਈ ਨਹੀਂ ਜਾ ਸਕਦੀ ॥੩॥
49802	1159	ਕਹਿ ਕਬੀਰ ਨਿਰਧਨ ਹੈ ਸੋਈ॥		Kehi Kabeer Niradhhan Hai Soee ||	Says Kabeer, he alone is poor,	ਕਬੀਰ ਆਖਦਾ ਹੈ ਕਿ (ਅਸਲ ਵਿਚ) ਉਹ ਮਨੁੱਖ ਹੀ ਕੰਗਾਲ ਹੈ,

49803	1159	ਜਾ ਕੇ ਹਿਰਦੈ ਨਾਮੁ ਨ ਹੋਈ॥੪॥੮॥		Jaa Kae Hiradhai Naam N Hoee ||4||8||	Who does not have the Naam, the Name of the Lord, in his heart. ||4||8||	ਜਿਸ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਨਹੀਂ ਹੈ (ਕਿਉਂਕਿ ਧਨ ਇੱਥੇ ਹੀ ਰਹਿ ਜਾਂਦਾ ਹੈ, ਤੇ ਨਾਮ-ਧਨ ਨੇ ਨਾਲ ਨਿਭਣਾ ਹੈ; ਦੂਜੇ, ਕਿਤਨਾ ਹੀ ਧਨ ਮਨੁੱਖ ਇਕੱਠਾ ਕਰੀ ਜਾਏ, ਕਦੇ ਰੱਜਦਾ ਨਹੀਂ, ਮਨ ਭੁੱਖਾ ਕੰਗਾਲ ਹੀ ਰਹਿੰਦਾ ਹੈ) ॥੪॥੮॥
49804	1159	ਗੁਰ ਸੇਵਾ ਤੇ ਭਗਤਿ ਕਮਾਈ॥		Gur Saevaa Thae Bhagath Kamaaee ||	Serving the Guru, devotional worship is practiced.	ਜੇ ਤੂੰ ਗੁਰੂ ਦੀ ਸੇਵਾ ਦੀ ਰਾਹੀਂ ਬੰਦਗੀ ਦੀ ਕਮਾਈ ਕਰੇਂ,
49805	1159	ਤਬ ਇਹ ਮਾਨਸ ਦੇਹੀ ਪਾਈ॥		Thab Eih Maanas Dhaehee Paaee ||	Then, this human body is obtained.	ਤਾਂ ਹੀ ਇਹ ਮਨੁੱਖਾ-ਸਰੀਰ ਮਿਲਿਆ ਸਮਝ।
49806	1159	ਇਸ ਦੇਹੀ ਕਉ ਸਿਮਰਹਿ ਦੇਵ॥		Eis Dhaehee Ko Simarehi Dhaev ||	Even the gods long for this human body.	ਇਸ ਸਰੀਰ ਦੀ ਖ਼ਾਤਰ ਦੇਵਤੇ ਭੀ ਤਾਂਘਦੇ ਹਨ।
49807	1159	ਸੋ ਦੇਹੀ ਭਜੁ ਹਰਿ ਕੀ ਸੇਵ॥੧॥	ਭਜੁ: ਪੋਲਾ ਬੋਲੋ	So Dhaehee Bhaj Har Kee Saev ||1||	So vibrate that human body, and think of serving the Lord. ||1||	ਤੈਨੂੰ ਇਹ ਸਰੀਰ (ਮਿਲਿਆ ਹੈ, ਇਸ ਰਾਹੀਂ) ਨਾਮ ਸਿਮਰ, ਹਰੀ ਦਾ ਭਜਨ ਕਰ ॥੧॥
49808	1159	ਭਜਹੁ ਗੋਬਿੰਦ ਭੂਲਿ ਮਤ ਜਾਹੁ॥		Bhajahu Guobindh Bhool Math Jaahu ||	Vibrate, and meditate on the Lord of the Universe, and never forget Him.	ਗੋਬਿੰਦ ਨੂੰ ਸਿਮਰੋ, ਇਹ ਗੱਲ ਭੁਲਾ ਨਾਹ ਦੇਣੀ।

49809	1159	ਮਾਨਸ ਜਨਮ ਕਾ ਏਹੀ ਲਾਹੁ॥੧॥ਰਹਾਉ॥		Maanas Janam Kaa Eaehee Laahu ||1|| Rehaao ||	This is the blessed opportunity of this human incarnation. ||1||Pause||	ਇਹ ਸਿਮਰਨ ਹੀ ਮਨੁੱਖਾ-ਜਨਮ ਦੀ ਖੱਟੀ ਕਮਾਈ ਹੈ ॥੧॥ ਰਹਾਉ ॥
49810	1159	ਜਬ ਲਗੁ ਜਰਾ ਰੋਗੁ ਨਹੀ ਆਇਆ॥		Jab Lag Jaraa Rog Nehee Aaeiaa ||	As long as the disease of old age has not come to the body,	ਜਦੋਂ ਤਕ ਬੁਢੇਪਾ-ਰੂਪ ਰੋਗ ਨਹੀਂ ਆ ਗਿਆ,
49811	1159	ਜਬ ਲਗੁ ਕਾਲਿ ਗ੍ਰਸੀ ਨਹੀ ਕਾਇਆ॥		Jab Lag Kaal Grasee Nehee Kaaeiaa ||	And as long as death has not come and seized the body,	ਜਦ ਤਕ ਤੇਰੇ ਸਰੀਰ ਨੂੰ ਮੌਤ ਨੇ ਨਹੀਂ ਆ ਪਕੜਿਆ,
49812	1159	ਜਬ ਲਗੁ ਬਿਕਲ ਭਈ ਨਹੀ ਬਾਨੀ॥	ਬਿਕਲ, ਬਾਨੀ: ਪੋਲੇ ਬੋਲੋ	Jab Lag Bikal Bhee Nehee Baanee ||	And as long as your voice has not lost its power,	ਜਦ ਤਕ ਤੇਰੀ ਜ਼ਬਾਨ ਥਿੜਕਣ ਨਹੀਂ ਲੱਗ ਪੈਂਦੀ,
49813	1159	ਭਜਿ ਲੇਹਿ ਰੇ ਮਨ ਸਾਰਿਗਪਾਨੀ॥੨॥	ਸਾਰਿਗ–ਪਾਨੀ	Bhaj Laehi Rae Man Saarigapaanee ||2||	O mortal being, vibrate and meditate on the Lord of the World. ||2||	(ਉਸ ਤੋਂ ਪਹਿਲਾਂ ਪਹਿਲਾਂ ਹੀ) ਹੇ ਮੇਰੇ ਮਨ! ਪਰਮਾਤਮਾ ਦਾ ਭਜਨ ਕਰ ਲੈ ॥੨॥
49814	1159	ਅਬ ਨ ਭਜਸਿ ਭਜਸਿ ਕਬ ਭਾਈ॥		Ab N Bhajas Bhajas Kab Bhaaee ||	If you do not vibrate and meditate on Him now, when will you, O Sibing of Destiny?	ਹੇ ਭਾਈ! ਜੇ ਤੂੰ ਐਸ ਵੇਲੇ ਭਜਨ ਨਹੀਂ ਕਰਦਾ, ਤਾਂ ਫਿਰ ਕਦੋਂ ਕਰੇਂਗਾ?
49815	1159	ਆਵੈ ਅੰਤੁ ਨ ਭਜਿਆ ਜਾਈ॥		Aavai Anth N Bhajiaa Jaaee ||	When the end comes, you will not be able to vibrate and meditate on Him.	ਜਦੋਂ ਮੌਤ (ਸਿਰ ਤੇ) ਆ ਅੱਪੜੀ ਉਸ ਵੇਲੇ ਤਾਂ ਭਜਨ ਨਹੀਂ ਹੋ ਸਕੇਗਾ।

49816	1159	ਜੋ ਕਿਛੁ ਕਰਹਿ ਸੋਈ ਅਬ ਸਾਰੁ॥		Jo Kishh Karehi Soee Ab Saar ||	Whatever you have to do - now is the best time to do it.	ਜੋ ਕੁਝ (ਭਜਨ ਸਿਮਰਨ) ਤੂੰ ਕਰਨਾ ਚਾਹੁੰਦਾ ਹੈਂ, ਹੁਣੇ ਹੀ ਕਰ ਲੈ,
49817	1159	ਫਿਰਿ ਪਛੁਤਾਹੁ ਨ ਪਾਵਹੁ ਪਾਰੁ॥੩॥		Fir Pashhuthaahu N Paavahu Paar ||3||	Otherwise, you shall regret and repent afterwards, and you shall not be carried across to the other side. ||3||	(ਜੇ ਸਮਾ ਲੰਘ ਗਿਆ) ਤਾਂ ਮੁੜ ਅਫ਼ਸੋਸ ਹੀ ਕਰੇਂਗਾ, ਤੇ ਇਸ ਪਛਤਾਵੇ ਵਿਚੋਂ ਖ਼ਲਾਸੀ ਨਹੀਂ ਹੋਵੇਗੀ ॥੩॥
49818	1159	ਸੋ ਸੇਵਕੁ ਜੋ ਲਾਇਆ ਸੇਵ॥		So Saevak Jo Laaeiaa Saev ||	He alone is a servant, whom the Lord enjoins to His service.	(ਪਰ ਜੀਵ ਦੇ ਕੀਹ ਵੱਸ?) ਜਿਸ ਮਨੁੱਖ ਨੂੰ ਪ੍ਰਭੂ ਆਪ ਹੀ ਬੰਦਗੀ ਵਿਚ ਜੋੜਦਾ ਹੈ, ਉਹੀ ਉਸ ਦਾ ਸੇਵਕ ਬਣਦਾ ਹੈ,
49819	1159	ਤਿਨ ਹੀ ਪਾਏ ਨਿਰੰਜਨ ਦੇਵ॥		Thin Hee Paaeae Niranjan Dhaev ||	He alone attains the Immaculate Divine Lord.	ਉਸੇ ਨੂੰ ਪ੍ਰਭੂ ਮਿਲਦਾ ਹੈ,
49820	1159	ਗੁਰ ਮਿਲਿ ਤਾ ਕੇ ਖੁਲ੍ਹੇ ਕਪਾਟ॥		Gur Mil Thaa Kae Khulhae Kapaatt ||	Meeting with the Guru, his doors are opened wide,	ਸਤਿਗੁਰੂ ਨੂੰ ਮਿਲ ਕੇ ਉਸੇ ਦੇ ਮਨ ਦੇ ਕਵਾੜ ਖੁਲ੍ਹਦੇ ਹਨ,
49821	1159	ਬਹੁਰਿ ਨ ਆਵੈ ਜੋਨੀ ਬਾਟ॥੪॥		Bahur N Aavai Jonee Baatt ||4||	And he does not have to journey again on the path of reincarnation. ||4||	ਤੇ ਉਹ ਮੁੜ ਜਨਮ (ਮਰਨ) ਦੇ ਗੇੜ ਵਿਚ ਨਹੀਂ ਆਉਂਦਾ ॥੪॥
49822	1159	ਇਹੀ ਤੇਰਾ ਅਉਸਰੁ ਇਹ ਤੇਰੀ ਬਾਰ॥		Eihee Thaeraa Aousar Eih Thaeree Baar ||	This is your chance, and this is your time.	(ਪ੍ਰਭੂ ਨੂੰ ਮਿਲਣ ਦਾ) ਇਹ ਮਨੁੱਖਾ-ਜਨਮ ਹੀ ਮੌਕਾ ਹੈ, ਇਹੀ ਵਾਰੀ ਹੈ (ਇੱਥੋਂ ਖੁੰਝ ਕੇ ਸਮਾ ਨਹੀਂ ਮਿਲਣਾ)।

49823	1159	ਘਟ ਭੀਤਰਿ ਤੂ ਦੇਖੁ ਬਿਚਾਰਿ॥		Ghatt Bheethar Thoo Dhaekh Bichaar ||	Look deep into your own heart, and reflect on this.	ਤੂੰ ਆਪਣੇ ਹਿਰਦੇ ਵਿਚ ਵਿਚਾਰ ਕੇ ਵੇਖ ਲੈ।
49824	1159	ਕਹਤ ਕਬੀਰੁ ਜੀਤਿ ਕੈ ਹਾਰਿ॥		Kehath Kabeer Jeeth Kai Haar ||	Says Kabeer, you can win or lose.	ਕਬੀਰ ਆਖਦਾ ਹੈ ਕਿ (ਤੇਰੀ ਮਰਜ਼ੀ ਹੈ ਇਹ ਮਨੁੱਖਾ-ਜਨਮ ਦੀ ਬਾਜ਼ੀ) ਜਿੱਤ ਕੇ ਜਾਹ ਚਾਹੇ ਹਾਰ ਕੇ ਜਾਹ।
49825	1159	ਬਹੁ ਬਿਧਿ ਕਹਿਓ ਪੁਕਾਰਿ ਪੁਕਾਰਿ॥੫॥੧॥੯॥		Bahu Bidhh Kehiou Pukaar Pukaar ||5||1||9||	In so many ways, I have proclaimed this out loud. ||5||1||9||	ਮੈਂ ਤੈਨੂੰ ਕਈ ਤਰੀਕਿਆਂ ਨਾਲ ਕੂਕ ਕੂਕ ਕੇ ਦੱਸ ਰਿਹਾ ਹਾਂ ॥੫॥੧॥੯॥
49826	1159	ਸਿਵ ਕੀ ਪੁਰੀ ਬਸੈ ਬੁਧਿ ਸਾਰੁ॥		Siv Kee Puree Basai Budhh Saar ||	In the City of God, sublime understanding prevails.	(ਇਸ ਨਾਮ ਦੀ ਬਰਕਤਿ ਨਾਲ) ਮੇਰੀ ਮੱਤ ਸ੍ਰੇਸ਼ਟ (ਬਣ ਕੇ) ਕੱਲਿਆਣ-ਸਰੂਪ ਪ੍ਰਭੂ ਦੇ ਦੇਸ ਵਿਚ ਵੱਸਣ ਲੱਗ ਪਈ ਹੈ।
49827	1159	ਤਹ ਤੁਮ੍ ਮਿਲਿ ਕੈ ਕਰਹੁ ਬਿਚਾਰੁ॥		Theh Thumh Mil Kai Karahu Bichaar ||	There, you shall meet with the Lord, and reflect on Him.	(ਹੇ ਜੋਗੀ!) ਤੁਸੀਂ ਭੀ ਉਸ ਦੇਸ ਵਿਚ ਅੱਪੜ ਕੇ ਪ੍ਰਭੂ ਦੇ ਨਾਮ ਦੀ ਹੀ ਵਿਚਾਰ ਕਰੋ,
49828	1159	ਈਤ ਊਤ ਕੀ ਸੋਝੀ ਪਰੈ॥		Eeth Ooth Kee Sojhee Parai ||	Thus, you shall understand this world and the next.	(ਜੋ ਮਨੁੱਖ ਉਸ ਦੇਸ ਵਿਚ ਅੱਪੜਦਾ ਹੈ, ਭਾਵ, ਜੋ ਮਨੁੱਖ ਪ੍ਰਭੂ-ਚਰਨਾਂ ਵਿਚ ਜੁੜਿਆ ਰਹਿੰਦਾ ਹੈ ਉਸ ਨੂੰ) ਇਹ ਸਮਝ ਪੈ ਜਾਂਦੀ ਹੈ ਕਿ ਹੁਣ ਵਾਲਾ ਜੀਵਨ ਕਿਹੋ ਜਿਹਾ ਹੋਣਾ ਚਾਹੀਦਾ ਹੈ, ਤੇ ਇਸ ਦਾ ਅਸਰ ਅਗਲੇ ਜੀਵਨ ਉਤੇ ਕੀਹ ਪੈਂਦਾ ਹੈ;

49829	1159	ਕਉਨੁ ਕਰਮ ਮੇਰਾ ਕਰਿ ਕਰਿ ਮਰੈ॥੧॥		Koun Karam Maeraa Kar Kar Marai ||1||	What is the use of claiming that you own everything, if you only die in the end? ||1||	ਉਸ ਦੇਸ ਵਿਚ ਅੱਪੜਿਆ ਹੋਇਆ ਕੋਈ ਭੀ ਮਨੁੱਖ ਮਮਤਾ ਵਿਚ ਫਸਣ ਵਾਲੇ ਕੰਮ ਨਹੀਂ ਕਰਦਾ ॥੧॥
49830	1159	ਨਿਜ ਪਦ ਊਪਰਿ ਲਾਗੋ ਧਿਆਨੁ॥		Nij Padh Oopar Laago Dhhiaan ||	I focus my meditation on my inner self, deep within.	(ਹੇ ਜੋਗੀ!) ਮੇਰੀ ਸੁਰਤ ਉਸ (ਪ੍ਰਭੂ ਦੇ ਚਰਨ-ਰੂਪ) ਘਰ ਵਿਚ ਜੁੜੀ ਹੋਈ ਹੈ ਜੋ ਮੇਰਾ ਆਪਣਾ ਅਸਲੀ ਘਰ ਹੈ,
49831	1159	ਰਾਜਾਰਾਮ ਨਾਮੁ ਮੋਰਾ ਬ੍ਰਹਮਗਿਆਨੁ॥੧॥ਰਹਾਉ॥		Raajaa Raam Naam Moraa Breham Giaan ||1|| Rehaao ||	The Name of the Sovereign Lord is my spiritual wisdom. ||1||Pause||	ਪ੍ਰਕਾਸ਼-ਰੂਪ ਪ੍ਰਭੂ ਦਾ ਨਾਮ (ਹਿਰਦੇ ਵਿਚ ਵੱਸਣਾ) ਹੀ ਮੇਰੇ ਲਈ ਬ੍ਰਹਮ-ਗਿਆਨ ਹੈ ॥੧॥ ਰਹਾਉ ॥
49832	1159	ਮੂਲ ਦੁਆਰੈ ਬੰਧਿਆ ਬੰਧੁ॥		Mool Dhuaarai Bandhhiaa Bandhh ||	In the first chakra, the root chakra, I have grasped the reins and tied them.	(ਹੇ ਜੋਗੀ! ਇਸ ਨਾਮ ਦੀ ਬਰਕਤਿ ਨਾਲ) ਮੈਂ ਜਗਤ-ਦੇ-ਮੂਲ-ਪ੍ਰਭੂ ਦੇ ਦਰ ਤੇ ਟਿਕ ਕੇ (ਮਾਇਆ ਦੇ ਹੜ੍ਹ ਅੱਗੇ) ਬੰਨ੍ਹ ਬੰਨ੍ਹ ਲਿਆ ਹੈ।
49833	1159	ਰਵਿ ਊਪਰਿ ਗਹਿ ਰਾਖਿਆ ਚੰਦੁ॥		Rav Oopar Gehi Raakhiaa Chandh ||	I have firmly placed the moon above the sun.	ਮੈਂ ਸ਼ਾਂਤ-ਸੁਭਾਉ ਨੂੰ ਗ੍ਰਹਿਣ ਕਰ ਕੇ ਇਸ ਨੂੰ ਤਮੋਗੁਣੀ ਸੁਭਾਉ ਦੇ ਉੱਤੇ ਟਿਕਾ ਦਿੱਤਾ ਹੈ।
49834	1159	ਪਛਮ ਦੁਆਰੈ ਸੂਰਜੁ ਤਪੈ॥		Pashham Dhuaarai Sooraj Thapai ||	The sun blazes forth at the western gate.	ਜਿੱਥੇ (ਪਹਿਲਾਂ ਅਗਿਆਨਤਾ ਦਾ) ਹਨੇਰਾ ਹੀ ਹਨੇਰਾ ਸੀ, ਉਸ ਦੇ ਬੂਹੇ ਉੱਤੇ ਹੁਣ ਗਿਆਨ ਦਾ ਸੂਰਜ ਚਮਕ ਰਿਹਾ ਹੈ।

49835	1159	ਮੇਰ ਡੰਡ ਸਿਰ ਊਪਰਿ ਬਸੈ॥੨॥	ਲੋਕਡੰਡ, ਰਾਜਡੰਡ, ਜਮਦੰਡ ਤੋਂ (ਮੇਰ) ਊਪਰ ਹੋ ਕੇ। (ਸਿਰ) ਸ਼ਿਰੋਮਣੀ ਪ੍ਰਮੇਸ਼ਰ ਚ । ਸਭ ਦੇ ਸ਼੍ਰੋਮਣੀ ਹੋ ਕੇ ਬਸੈ ਵਸਣਾ ਕਰੇ	Maer Ddandd Sir Oopar Basai ||2||	Through the central channel of the Shushmanaa, it rises up above my head. ||2||	ਉਹ ਪ੍ਰਭੂ, ਜਿਸ ਦੇ ਹੁਕਮ ਵਿਚ ਸਾਰਾ ਜਗਤ ਹੈ, ਹੁਣ ਮੇਰੇ ਮਨ ਵਿਚ ਵੱਸ ਰਿਹਾ ਹੈ ॥੨॥
49836	1159	ਪਸਚਮ ਦੁਆਰੇ ਕੀ ਸਿਲ ਓੜ॥		Pasacham Dhuaarae Kee Sil Ourr ||	There is a stone at that western gate,	(ਨਾਮ ਦੀ ਬਰਕਤਿ ਨਾਲ, ਹੇ ਜੋਗੀ!) ਮੈਨੂੰ ਉਸ ਸਿਲ ਦਾ ਅਖ਼ੀਰਲਾ ਸਿਰਾ (ਲੱਭ ਪਿਆ ਹੈ) ਜੋ ਅਗਿਆਨਤਾ ਦੇ ਹਨੇਰੇ ਥਾਂ ਦੇ ਬੂਹੇ (ਅੱਗੇ ਜੜੀ ਹੋਈ ਸੀ),
49837	1159	ਤਿਹ ਸਿਲ ਊਪਰਿ ਖਿੜਕੀ ਅਉਰ॥		Thih Sil Oopar Khirrakee Aour ||	And above that stone, is another window.	ਕਿਉਂਕਿ ਇਸ ਸਿਲ ਦੇ ਉੱਤੇ ਮੈਨੂੰ (ਚਾਨਣ ਦੇਣ ਵਾਲੀ) ਇਕ ਹੋਰ ਤਾਕੀ ਲੱਭ ਪਈ ਹੈ,
49838	1159	ਖਿੜਕੀ ਊਪਰਿ ਦਸਵਾਦੁਆਰੁ॥		Khirrakee Oopar Dhasavaa Dhuaar ||	Above that window is the Tenth Gate.	ਇਸ ਤਾਕੀ ਦੇ ਉੱਤੇ ਹੀ ਹੈ ਉਹ ਦਸਵਾਂ ਦੁਆਰ (ਜਿੱਥੇ ਮੇਰਾ ਪ੍ਰਭੂ ਵੱਸਦਾ ਹੈ)।
49839	1159	ਕਹਿ ਕਬੀਰ ਤਾ ਕਾ ਅੰਤੁ ਨ ਪਾਰੁ॥੩॥੨॥੧੦॥		Kehi Kabeer Thaa Kaa Anth N Paar ||3||2||10||	Says Kabeer, it has no end or limitation. ||3||2||10||	ਕਬੀਰ ਆਖਦਾ ਹੈ ਕਿ ਹੁਣ ਐਸੀ ਦਸ਼ਾ ਬਣੀ ਪਈ ਹੈ ਜੋ ਮੁੱਕ ਨਹੀਂ ਸਕਦੀ ॥੩॥੨॥੧੦॥

49840	1159	ਸੋ ਮੁਲਾਂ ਜੋ ਮਨ ਸਿਉ ਲਰੈ॥		So Mulaan Jo Man Sio Larai ||	He alone is a Mullah, who struggles with his mind,	ਅਸਲ ਮੁੱਲਾਂ ਉਹ ਹੈ ਜੋ ਆਪਣੇ ਮਨ ਨਾਲ ਘੋਲ ਕਰਦਾ ਹੈ (ਭਾਵ, ਮਨ ਨੂੰ ਵੱਸ ਕਰਨ ਦੇ ਜਤਨ ਕਰਦਾ ਹੈ),
49841	1159	ਗੁਰ ਉਪਦੇਸਿ ਕਾਲ ਸਿਉ ਜੁਰੈ॥		Gur Oupadhaes Kaal Sio Jurai ||	And through the Guru's Teachings, fights with death.	ਗੁਰੂ ਦੇ ਦੱਸੇ ਹੋਏ ਉਪਦੇਸ਼ ਉੱਤੇ ਤੁਰ ਕੇ ਮੌਤ (ਦੇ ਸਹਿਮ) ਨਾਲ ਟਾਕਰਾ ਕਰਦਾ ਹੈ,
49842	1159	ਕਾਲ ਪੁਰਖ ਕਾ ਮਰਦੈ ਮਾਨੁ॥	ਪੁਰਖ ਦਾ ਕਾਲ ਕਰਨ ਵਾਲੇ ਕਾਲ ਦਾ ਮਾਨੁ ਮਲ਼ੇ, ਭਾਵ ਜਿੱਤੇ	Kaal Purakh Kaa Maradhai Maan ||	He crushes the pride of the Messenger of Death.	ਜੋ ਜਮ-ਰਾਜ ਦਾ (ਇਹ) ਮਾਣ (ਕਿ ਸਾਰਾ ਜਗਤ ਉਸ ਤੋਂ ਥਰ-ਥਰ ਕੰਬਦਾ ਹੈ) ਨਾਸ ਕਰ ਦੇਂਦਾ ਹੈ।
49843	1159	ਤਿਸੁ ਮੁਲਾ ਕਉ ਸਦਾ ਸਲਾਮੁ॥੧॥		This Mulaa Ko Sadhaa Salaam ||1||	Unto that Mullah, I ever offer greetings of respect. ||1||	ਮੈਂ ਐਸੇ ਮੁੱਲਾਂ ਅੱਗੇ ਸਦਾ ਸਿਰ ਨਿਵਾਉਂਦਾ ਹਾਂ ॥੧॥
49844	1160	ਹੈ ਹਜੂਰਿ ਕਤ ਦੂਰਿ ਬਤਾਵਹੁ॥		Hai Hajoor Kath Dhoor Bathaavahu ||	God is present, right here at hand; why do you say that He is far away?	(ਹੇ ਮੁੱਲਾਂ!) ਰੱਬ ਹਰ ਥਾਂ ਹਾਜ਼ਰ-ਨਾਜ਼ਰ ਹੈ, ਤੁਸੀਂ ਉਸ ਨੂੰ ਦੂਰ (ਕਿਤੇ ਸਤਵੇਂ ਅਸਮਾਨ ਤੇ) ਕਿਉਂ (ਬੈਠਾ) ਦੱਸਦੇ ਹੋ?
49845	1160	ਦੁੰਦਰ ਬਾਧਹੁ ਸੁੰਦਰ ਪਾਵਹੁ॥੧॥ਰਹਾਉ॥		Dhundhar Baadhhahu Sundhar Paavahu ||1|| Rehaao ||	Tie up your disturbing passions, and find the Beauteous Lord. ||1||Pause||	ਜੇ ਉਸ ਸੁਹਣੇ ਰੱਬ ਨੂੰ ਮਿਲਣਾ ਹੈ, ਤਾਂ ਕਾਮਾਦਿਕ ਰੌਲਾ ਪਾਣ ਵਾਲੇ ਵਿਕਾਰਾਂ ਨੂੰ ਕਾਬੂ ਵਿਚ ਰੱਖੋ ॥੧॥ ਰਹਾਉ ॥
49846	1160	ਕਾਜੀ ਸੋ ਜੁ ਕਾਇਆ ਬੀਚਾਰੈ॥		Kaajee So J Kaaeiaa Beechaarai ||	He alone is a Qazi, who contemplates the human body,	ਅਸਲ ਕਾਜ਼ੀ ਉਹ ਹੈ ਜੋ ਆਪਣੇ ਸਰੀਰ ਨੂੰ ਖੋਜੇ,

49847	1160	ਕਾਇਆ ਕੀ ਅਗਨਿ ਬ੍ਰਹਮੁ ਪਰਜਾਰੈ॥	ਬ੍ਰਹਮਅਭਿਆਸ ਰੂਪ ਅਗਨੀ ਕਰਕੇ, ਦੇਹਅਭਿਮਾਨ (ਪਰ-ਜਾਰੈ) ਵਿਸ਼ੇਸ਼ ਕਰਕੇ ਜਾਲਣਾ ਕਰੇ	Kaaeiaa Kee Agan Breham Parajaarai ||	And through the fire of the body, is illumined by God.	ਸਰੀਰ ਵਿਚ ਪ੍ਰਭੂ ਦੀ ਜੋਤ ਨੂੰ ਰੌਸ਼ਨ ਕਰੇ,
49848	1160	ਸੁਪਨੈ ਬਿੰਦੁ ਨ ਦੇਈ ਝਰਨਾ॥		Supanai Bindh N Dhaeee Jharanaa ||	He does not lose his semen, even in his dreams;	ਸੁਪਨੇ ਵਿਚ ਭੀ ਕਾਮ ਦੀ ਵਾਸ਼ਨਾ ਮਨ ਵਿਚ ਨਾਹ ਆਉਣ ਦੇਵੇ।
49849	1160	ਤਿਸੁ ਕਾਜੀ ਕਉ ਜਰਾ ਨ ਮਰਨਾ॥੨॥		This Kaajee Ko Jaraa N Maranaa ||2||	For such a Qazi, there is no old age or death. ||2||	ਅਜਿਹੇ ਕਾਜ਼ੀ ਨੂੰ ਬੁਢੇਪੇ ਤੇ ਮੌਤ ਦਾ ਡਰ ਨਹੀਂ ਰਹਿ ਜਾਂਦਾ ॥੨॥
49850	1160	ਸੋ ਸੁਰਤਾਨੁ ਜੁ ਦੁਇ ਸਰ ਤਾਨੈ॥	ਸੁਰਤਾਨੁ ਪਾਤਿਸਾਹ ਬ੍ਰਹਮਗਿਆਨੀ। ਵੈਰਾਗ,ਵਿਵੇਕ,ਨਾਮੁ ਜਪਣ ਜਪਾਉਣ ਦੋ ਸਰ ਤੀਰ	So Surathaan J Dhue Sar Thaanai ||	He alone is a sultan and a king, who shoots the two arrows,	ਅਸਲ ਸੁਲਤਾਨ (ਬਾਦਸ਼ਾਹ) ਉਹ ਹੈ ਜੋ (ਗਿਆਨ ਤੇ ਵੈਰਾਗ ਦੇ) ਦੋ ਤੀਰ ਤਾਣਦਾ ਹੈ,
49851	1160	ਬਾਹਰਿ ਜਾਤਾ ਭੀਤਰਿ ਆਨੈ॥		Baahar Jaathaa Bheethar Aanai ||	Gathers in his outgoing mind,	ਬਾਹਰ ਦੁਨੀਆ ਦੇ ਪਦਾਰਥਾਂ ਵਲ ਭਟਕਦੇ ਮਨ ਨੂੰ ਅੰਦਰ ਵਲ ਲੈ ਆਉਂਦਾ ਹੈ,
49852	1160	ਗਗਨ ਮੰਡਲ ਮਹਿ ਲਸਕਰੁ ਕਰੈ॥		Gagan Manddal Mehi Lasakar Karai ||	And assembles his army in the realm of the mind's sky, the Tenth Gate.	ਪ੍ਰਭੂ-ਚਰਨਾਂ ਵਿਚ ਜੁੜ ਕੇ ਆਪਣੇ ਅੰਦਰ ਭਲੇ ਗੁਣ ਪੈਦਾ ਕਰਦਾ ਹੈ।
49853	1160	ਸੋ ਸੁਰਤਾਨੁ ਛਤ੍ਰੁ ਸਿਰਿ ਧਰੈ॥੩॥		So Surathaan Shhathra Sir Dhharai ||3||	The canopy of royalty waves over such a sultan. ||3||	ਉਹ ਸੁਲਤਾਨ ਆਪਣੇ ਸਿਰ ਤੇ (ਅਸਲ) ਛਤਰ ਝੁਲਵਾਉਂਦਾ ਹੈ ॥੩॥

49854	1160	ਜੋਗੀ ਗੋਰਖੁ ਗੋਰਖੁ ਕਰੈ॥		Jogee Gorakh Gorakh Karai ||	The Yogi cries out, ""Gorakh, Gorakh"".	ਜੋਗੀ (ਪ੍ਰਭੂ ਨੂੰ ਵਿਸਾਰ ਕੇ) ਗੋਰਖ ਗੋਰਖ ਜਪਦਾ ਹੈ,
49855	1160	ਹਿੰਦੂ ਰਾਮ ਨਾਮੁ ਉਚਰੈ॥		Hindhoo Raam Naam Oucharai ||	The Hindu utters the Name of Raam.	ਹਿੰਦੂ (ਸ੍ਰੀ ਰਾਮ ਚੰਦਰ ਦੀ ਮੂਰਤੀ ਵਿਚ ਹੀ ਮਿਥੇ ਹੋਏ) ਰਾਮ ਦਾ ਨਾਮ ਉਚਾਰਦਾ ਹੈ,
49856	1160	ਮੁਸਲਮਾਨ ਕਾ ਏਕੁ ਖੁਦਾਇ॥		Musalamaan Kaa Eaek Khudhaae ||	The Muslim has only One God.	ਮੁਸਲਮਾਨ ਨੇ (ਸਤਵੇਂ ਅਸਮਾਨ ਵਿਚ ਬੈਠਾ ਹੋਇਆ) ਨਿਰਾ ਆਪਣਾ (ਮੁਸਲਮਾਨਾਂ ਦਾ ਹੀ) ਰੱਬ ਮੰਨ ਰੱਖਿਆ ਹੈ।
49857	1160	ਕਬੀਰ ਕਾ ਸੁਆਮੀ ਰਹਿਆ ਸਮਾਇ॥੪॥੩॥੧੧॥		Kabeer Kaa Suaamee Rehiaa Samaae ||4||3||11||	The Lord and Master of Kabeer is all-pervading. ||4||3||11||	ਪਰ ਮੇਰਾ ਕਬੀਰ ਦਾ ਪ੍ਰਭੂ ਉਹ ਹੈ, ਜੋ ਸਭ ਵਿਚ ਵਿਆਪਕ ਹੈ (ਤੇ ਸਭ ਦਾ ਸਾਂਝਾ ਹੈ) ॥੪॥੩॥੧੧॥
49858	1160	ਮਹਲਾ ੫॥		Mehalaa 5 ||	Fifth Mehl:	
49859	1160	ਜੋ ਪਾਥਰ ਕਉ ਕਹਤੇ ਦੇਵ॥		Jo Paathhar Ko Kehathae Dhaev ||	Those who call a stone their god	ਜੋ ਮਨੁੱਖ ਪੱਥਰ (ਦੀ ਮੂਰਤੀ) ਨੂੰ ਰੱਬ ਆਖਦੇ ਹਨ,
49860	1160	ਤਾ ਕੀ ਬਿਰਥਾ ਹੋਵੈ ਸੇਵ॥		Thaa Kee Birathhaa Hovai Saev ||	Their service is useless.	ਉਹਨਾਂ ਦੀ ਕੀਤੀ ਸੇਵਾ ਵਿਅਰਥ ਜਾਂਦੀ ਹੈ।
49861	1160	ਜੋ ਪਾਥਰ ਕੀ ਪਾਂਈ ਪਾਇ॥		Jo Paathhar Kee Paanee Paae ||	Those who fall at the feet of a stone god	ਜੋ ਮਨੁੱਖ ਪੱਥਰ (ਦੀ ਮੂਰਤੀ) ਦੇ ਪੈਰੀਂ ਪੈਂਦੇ ਹਨ,

49862	1160	ਤਿਸ ਕੀ ਘਾਲ ਅਜਾਂਈ ਜਾਇ॥੧॥		This Kee Ghaal Ajaanee Jaae ||1||	- their work is wasted in vain. ||1||	ਉਹਨਾਂ ਦੀ ਮਿਹਨਤ ਅਜਾਈਂ ਚਲੀ ਜਾਂਦੀ ਹੈ ॥੧॥
49863	1160	ਠਾਕੁਰੁ ਹਮਰਾ ਸਦ ਬੋਲੰਤਾ॥		Thaakur Hamaraa Sadh Bolanthaa ||	My Lord and Master speaks forever.	ਸਾਡਾ ਠਾਕੁਰ ਸਦਾ ਬੋਲਦਾ ਹੈ,
49864	1160	ਸਰਬ ਜੀਆ ਕਉ ਪ੍ਰਭੁ ਦਾਨੁ ਦੇਤਾ॥੧॥ਰਹਾਉ॥		Sarab Jeeaa Ko Prabh Dhaan Dhaethaa ||1|| Rehaao ||	God gives His gifts to all living beings. ||1||Pause||	ਉਹ ਪ੍ਰਭੂ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ ॥੧॥ ਰਹਾਉ ॥
49865	1160	ਅੰਤਰਿ ਦੇਉ ਨ ਜਾਨੈ ਅੰਧੁ॥		Anthar Dhaeo N Jaanai Andhh ||	The Divine Lord is within the self, but the spiritually blind one does not know this.	ਅੰਨ੍ਹਾ ਮੂਰਖ ਆਪਣੇ ਅੰਦਰ-ਵੱਸਦੇ ਰੱਬ ਨੂੰ ਨਹੀਂ ਪਛਾਣਦਾ,
49866	1160	ਭ੍ਰਮ ਕਾ ਮੋਹਿਆ ਪਾਵੈ ਫੰਧੁ॥		Bhram Kaa Mohiaa Paavai Fandhh ||	Deluded by doubt, he is caught in the noose.	ਭਰਮ ਦਾ ਮਾਰਿਆ ਹੋਇਆ ਹੋਰ ਹੋਰ ਜਾਲ ਵਿਛਾਉਂਦਾ ਹੈ।
49867	1160	ਨ ਪਾਥਰੁ ਬੋਲੈ ਨਾ ਕਿਛੁ ਦੇਇ॥		N Paathhar Bolai Naa Kishh Dhaee ||	The stone does not speak; it does not give anything to anyone.	ਇਹ ਪੱਥਰ ਨਾਹ ਬੋਲਦਾ ਹੈ, ਨਾਹ ਕੁਝ ਦੇ ਸਕਦਾ ਹੈ,
49868	1160	ਫੋਕਟ ਕਰਮ ਨਿਹਫਲ ਹੈ ਸੇਵ॥੨॥		Fokatt Karam Nihafal Hai Saev ||2||	Such religious rituals are useless; such service is fruitless. ||2||	(ਇਸ ਨੂੰ ਇਸ਼ਨਾਨ ਕਰਾਣ ਤੇ ਭੋਗ ਆਦਿਕ ਲਵਾਣ ਦੇ) ਸਾਰੇ ਕੰਮ ਵਿਅਰਥ ਹਨ, (ਇਸ ਦੀ ਸੇਵਾ ਵਿਚੋਂ ਕੋਈ ਫਲ ਨਹੀਂ ਮਿਲਦਾ ॥੨॥

49869	1160	ਜੇ ਮਿਰਤਕ ਕਉ ਚੰਦਨੁ ਚੜਾਵੈ॥	ਚੜ੍ਹਾਵੈ	Jae Mirathak Ko Chandhan Charraavai ||	If a corpse is anointed with sandalwood oil,	ਜੇ ਕੋਈ ਮਨੁੱਖ ਮੁਰਦੇ ਨੂੰ ਚੰਦਨ (ਰਗੜ ਕੇ) ਲਾ ਦੇਵੇ,
49870	1160	ਉਸ ਤੇ ਕਹਹੁ ਕਵਨ ਫਲ ਪਾਵੈ॥		Ous Thae Kehahu Kavan Fal Paavai ||	What good does it do?	ਉਸ ਮੁਰਦੇ ਨੂੰ ਕੋਈ (ਇਸ ਸੇਵਾ ਦਾ) ਫਲ ਨਹੀਂ ਮਿਲ ਸਕਦਾ।
49871	1160	ਜੇ ਮਿਰਤਕ ਕਉ ਬਿਸਟਾ ਮਾਹਿ ਰੁਲਾਈ॥		Jae Mirathak Ko Bisattaa Maahi Rulaaee ||	If a corpse is rolled in manure,	ਤੇ, ਜੇ ਕੋਈ ਮੁਰਦੇ ਨੂੰ ਗੰਦ ਵਿਚ ਰੋਲ ਦੇਵੇ,
49872	1160	ਤਾਂ ਮਿਰਤਕ ਕਾ ਕਿਆ ਘਟਿ ਜਾਈ॥੩॥		Thaan Mirathak Kaa Kiaa Ghatt Jaaee ||3||	What does it lose from this? ||3||	ਤਾਂ ਭੀ ਉਸ ਮੁਰਦੇ ਦਾ ਕੋਈ ਵਿਗਾੜ ਨਹੀਂ ਹੋ ਸਕਦਾ ॥੩॥
49873	1160	ਕਹਤ ਕਬੀਰ ਹਉ ਕਹਉ ਪੁਕਾਰਿ॥		Kehath Kabeer Ho Keho Pukaar ||	Says Kabeer, I proclaim this out loud	ਕਬੀਰ ਆਖਦਾ ਹੈ ਕਿ ਮੈਂ ਪੁਕਾਰ ਪੁਕਾਰ ਕੇ ਆਖਦਾ ਹਾਂ
49874	1160	ਸਮਝਿ ਦੇਖੁ ਸਾਕਤ ਗਾਵਾਰ॥		Samajh Dhaekh Saakath Gaavaar ||	Behold, and understand, you ignorant, faithless cynic.	ਹੇ ਰੱਬ ਨਾਲੋਂ ਟੁੱਟੇ ਹੋਏ ਮੂਰਖ! ਸਮਝ ਕੇ ਵੇਖ,
49875	1160	ਦੂਜੈ ਭਾਇ ਬਹੁਤੁ ਘਰ ਗਾਲੇ॥		Dhoojai Bhaae Bahuth Ghar Gaalae ||	The love of duality has ruined countless homes.	ਰੱਬ ਨੂੰ ਛੱਡ ਕੇ ਹੋਰ ਹੋਰ ਵਿਚ ਪਿਆਰ ਪਾ ਕੇ ਬਥੇਰੇ ਜੀਵ ਤਬਾਹ ਹੋ ਗਏ।

49876	1160	ਰਾਮ ਭਗਤ ਹੈ ਸਦਾ ਸੁਖਾਲੇ॥੪॥੪॥੧੨॥		Raam Bhagath Hai Sadhaa Sukhaalae ||4||4||12||	The Lord's devotees are forever in bliss. ||4||4||12||	ਸਦਾ ਸੁਖੀ ਜੀਵਨ ਵਾਲੇ ਸਿਰਫ਼ ਉਹੀ ਹਨ ਜੋ ਪ੍ਰਭੂ ਦੇ ਭਗਤ ਹਨ' ॥੪॥੪॥੧੨॥
49877	1160	ਜਲ ਮਹਿ ਮੀਨ ਮਾਇਆ ਕੇ ਬੇਧੇ॥		Jal Mehi Meen Maaeiaa Kae Baedhhae ||	The fish in the water is attached to Maya.	ਪਾਣੀ ਵਿਚ ਰਹਿਣ ਵਾਲੀਆਂ ਮੱਛੀਆਂ ਮਾਇਆ ਵਿਚ ਵਿੱਝੀਆਂ ਪਈਆਂ ਹਨ,
49878	1160	ਦੀਪਕ ਪਤੰਗ ਮਾਇਆ ਕੇ ਛੇਦੇ॥		Dheepak Pathang Maaeiaa Kae Shhaedhae ||	The moth fluttering around the lamp is pierced through by Maya.	ਦੀਵਿਆਂ ਉੱਤੇ (ਸੜਨ ਵਾਲੇ) ਭੰਬਟ ਮਾਇਆ ਵਿਚ ਪ੍ਰੋਤੇ ਹੋਏ ਹਨ।
49879	1160	ਕਾਮ ਮਾਇਆ ਕੁੰਚਰ ਕਉ ਬਿਆਪੈ॥		Kaam Maaeiaa Kunchar Ko Biaapai ||	The sexual desire of Maya afflicts the elephant.	ਕਾਮ-ਵਾਸ਼ਨਾ ਰੂਪ ਮਾਇਆ ਹਾਥੀ ਉੱਤੇ ਦਬਾਉ ਪਾਂਦੀ ਹੈ;
49880	1160	ਭੁਇਅੰਗਮ ਭ੍ਰਿੰਗ ਮਾਇਆ ਮਹਿ ਖਾਪੇ॥੧॥		Bhueiangam Bhring Maaeiaa Mehi Khaapae ||1||	The snakes and bumble bees are destroyed through Maya. ||1||	ਸੱਪ ਤੇ ਭੌਰੇ ਭੀ ਮਾਇਆ ਵਿਚ ਦੁਖੀ ਹੋ ਰਹੇ ਹਨ ॥੧॥
49881	1160	ਮਾਇਆ ਐਸੀ ਮੋਹਨੀ ਭਾਈ॥		Maaeiaa Aisee Mohanee Bhaaee ||	Such are the enticements of Maya, O Siblings of Destiny.	ਹੇ ਭਾਈ! ਮਾਇਆ ਇਤਨੀ ਬਲ ਵਾਲੀ, ਮੋਹਣ ਵਾਲੀ ਹੈ,
49882	1160	ਜੇਤੇ ਜੀਅ ਤੇਤੇ ਡਹਕਾਈ॥੧॥ਰਹਾਉ ॥		Jaethae Jeea Thaethae Ddehakaaee ||1|| Rehaao ||	As many living beings are there are, have been deceived. ||1||Pause||	ਕਿ ਜਿਤਨੇ ਭੀ ਜੀਵ (ਜਗਤ ਵਿਚ) ਹਨ, ਸਭ ਨੂੰ ਡੁਲਾ ਦੇਂਦੀ ਹੈ ॥੧॥ ਰਹਾਉ ॥

49883	1160	ਪੰਖੀ ਮ੍ਰਿਗ ਮਾਇਆ ਮਹਿ ਰਾਤੇ॥		Pankhee Mrig Maaeiaa Mehi Raathae ||	The birds and the deer are imbued with Maya.	ਪੰਛੀ, ਜੰਗਲ ਦੇ ਪਸ਼ੂ ਸਭ ਮਾਇਆ ਵਿਚ ਰੰਗੇ ਪਏ ਹਨ।
49884	1160	ਸਾਕਰ ਮਾਖੀ ਅਧਿਕ ਸੰਤਾਪੇ॥		Saakar Maakhee Adhhik Santhaapae ||	Sugar is a deadly trap for the flies.	ਸ਼ੱਕਰ-ਰੂਪ ਮਾਇਆ ਮੱਖੀ ਨੂੰ ਬੜਾ ਦੁਖੀ ਕਰ ਰਹੀ ਹੈ।
49885	1160	ਤੁਰੇ ਉਸਟ ਮਾਇਆ ਮਹਿ ਭੇਲਾ॥		Thurae Ousatt Maaeiaa Mehi Bhaelaa ||	Horses and camels are absorbed in Maya.	ਘੋੜੇ ਊਠ ਸਭ ਮਾਇਆ ਵਿਚ ਫਸੇ ਪਏ ਹਨ।
49886	1160	ਸਿਧ ਚਉਰਾਸੀਹ ਮਾਇਆ ਮਹਿ ਖੇਲਾ॥੨॥	ਸਿੱਧ। ਖ਼ੇੱਲਾ	Sidhh Chouraaseeh Maaeiaa Mehi Khaelaa ||2||	The eighty-four Siddhas, the beings of miraculous spiritual powers, play in Maya. ||2||	ਚੌਰਾਸੀਹ ਸਿੱਧ ਭੀ ਮਾਇਆ ਵਿਚ ਖੇਡ ਰਹੇ ਹਨ ॥੨॥
49887	1160	ਛਿਅ ਜਤੀ ਮਾਇਆ ਕੇ ਬੰਦਾ॥		Shhia Jathee Maaeiaa Kae Bandhaa ||	The six celibates are slaves of Maya.	ਜਤੀ ਭੀ ਮਾਇਆ ਦੇ ਹੀ ਗ਼ੁਲਾਮ ਹਨ।
49888	1160	ਨਵੈ ਨਾਥ ਸੂਰਜ ਅਰੁ ਚੰਦਾ॥		Navai Naathh Sooraj Ar Chandhaa ||	So are the nine masters of Yoga, and the sun and the moon.	ਨੌ ਨਾਥ ਸੂਰਜ (ਦੇਵਤਾ) ਅਤੇ ਚੰਦ੍ਰਮਾ (ਦੇਵਤਾ)

49889	1160	ਤਪੇ ਰਖੀਸਰ ਮਾਇਆ ਮਹਿ ਸੂਤਾ॥		Thapae Rakheesar Maaeiaa Mehi Soothaa ||	The austere disciplinarians and the Rishis are asleep in Maya.	ਵੱਡੇ ਵੱਡੇ ਤਪੀ ਤੇ ਰਿਸ਼ੀ ਸਭ ਮਾਇਆ ਵਿਚ ਸੁੱਤੇ ਪਏ ਹਨ।
49890	1160	ਮਾਇਆ ਮਹਿ ਕਾਲੁ ਅਰੁ ਪੰਚ ਦੂਤਾ॥੩॥		Maaeiaa Mehi Kaal Ar Panch Dhoothaa ||3||	Death and the five demons are in Maya. ||3||	ਮੌਤ (ਦਾ ਸਹਿਮ) ਤੇ ਪੰਜੇ ਵਿਕਾਰ ਭੀ ਮਾਇਆ ਵਿਚ ਹੀ (ਜੀਵਾਂ ਨੂੰ ਵਿਆਪਦੇ ਹਨ) ॥੩॥
49891	1160	ਸੁਆਨ ਸਿਆਲ ਮਾਇਆ ਮਹਿ ਰਾਤਾ॥		Suaan Siaal Maaeiaa Mehi Raathaa ||	Dogs and jackals are imbued with Maya.	ਕੁੱਤੇ, ਗਿੱਦੜ, ਬਾਂਦਰ, ਚਿੱਤ੍ਰੇ, ਸ਼ੇਰ ਸਭ ਮਾਇਆ ਵਿਚ ਰੰਗੇ ਪਏ ਹਨ।
49892	1160	ਬੰਤਰ ਚੀਤੇ ਅਰੁ ਸਿੰਘਾਤਾ॥	(ਬੰਤਰ) ਬਾਂਦਰ। (ਚੀਤੇ) ਚਿੱਤਰੇ।ਸ਼ੇਰ ਦਾ ਅੰਤ ਕਰਨ ਵਾਲਾ (ਸਿੰਘਾਤਾ) ਸਰਭਾ	Banthar Cheethae Ar Singhaathaa ||	Monkeys, leopards and lions,	ਬਾਂਦਰ, ਚਿੱਤ੍ਰੇ, ਸ਼ੇਰ (ਸਭ ਮਾਇਆ ਵਿਚ ਉਲਝੇ ਪਏ ਹਨ।)
49893	1160	ਮਾਂਜਾਰ ਗਾਡਰ ਅਰੁ ਲੂਬਰਾ॥	(ਮਾਂਜਾਰ) ਬਿੱਲਾ। (ਗਾਡਰ) ਭੇਡੂ। (ਲੂਬਰਾ) ਲੂੰਬੜ	Maanjaar Gaaddar Ar Loobaraa ||	Cats, sheep, foxes,	ਬਿੱਲੇ, ਭੇਡਾਂ, ਲੂੰਬੜ,
49894	1160	ਬਿਰਖ ਮੂਲ ਮਾਇਆ ਮਹਿ ਪਰਾ॥੪॥		Birakh Mool Maaeiaa Mehi Paraa ||4||	Trees and roots are planted in Maya. ||4||	ਰੁੱਖ, ਕੰਦ-ਮੂਲ ਸਭ ਮਾਇਆ ਦੇ ਅਧੀਨ ਹਨ ॥੪॥
49895	1160	ਮਾਇਆ ਅੰਤਰਿ ਭੀਨੇ ਦੇਵ॥		Maaeiaa Anthar Bheenae Dhaev ||	Even the gods are drenched with Maya,	ਦੇਵਤੇ ਭੀ ਮਾਇਆ (ਦੇ ਮੋਹ) ਵਿਚ ਭਿੱਜੇ ਹੋਏ ਹਨ।

49896	1160	ਸਾਗਰ ਇੰਦ੍ਰਾ ਅਰੁ ਧਰਤੇਵ॥	(ਇੰਦ੍ਰਾ) ਲਛਮੀ। (ਧਰਤੇਵ) ਧਰਤੀ	Saagar Eindhraa Ar Dhharathaev ||	As are the oceans, the sky and the earth.	ਸਮੁੰਦਰ, ਸੁਰਗ, ਧਰਤੀ ਇਹਨਾਂ ਸਭਨਾਂ ਦੇ ਜੀਵ ਮਾਇਆ ਵਿਚ ਹੀ ਹਨ।
49897	1160	ਕਹਿ ਕਬੀਰ ਜਿਸੁ ਉਦਰੁ ਤਿਸੁ ਮਾਇਆ॥		Kehi Kabeer Jis Oudhar This Maaeiaa ||	Says Kabeer, whoever has a belly to fill, is under the spell of Maya.	ਕਬੀਰ ਆਖਦਾ ਹੈ ਕਿ (ਮੁੱਕਦੀ ਗੱਲ ਇਹ ਹੈ ਕਿ) ਜਿਸ ਨੂੰ ਢਿੱਡ ਲੱਗਾ ਹੋਇਆ ਹੈ ਉਸ ਨੂੰ (ਭਾਵ, ਹਰੇਕ ਜੀਵ ਨੂੰ) ਮਾਇਆ ਵਿਆਪ ਰਹੀ ਹੈ।
49898	1160	ਤਬ ਛੂਟੇ ਜਬ ਸਾਧੂ ਪਾਇਆ॥੫॥੫॥੧੩॥		Thab Shhoottae Jab Saadhhoo Paaeiaa ||5||5||13||	The mortal is emancipated only when he meets the Holy Saint. ||5||5||13||	ਜਦੋਂ ਗੁਰੂ ਮਿਲੇ ਤਦੋਂ ਹੀ ਜੀਵ ਮਾਇਆ ਦੇ ਪ੍ਰਭਾਵ ਤੋਂ ਬਚਦਾ ਹੈ ॥੫॥੫॥੧੩॥
49899	1160	ਜਬ ਲਗੁ ਮੇਰੀ ਮੇਰੀ ਕਰੈ॥		Jab Lag Maeree Maeree Karai ||	As long as he cries out, Mine! Mine!,	ਜਦ ਤਕ ਮਨੁੱਖ ਮਮਤਾ ਦੇ ਗੇੜ ਵਿਚ ਰਹਿੰਦਾ ਹੈ,
49900	1160	ਤਬ ਲਗੁ ਕਾਜੁ ਏਕੁ ਨਹੀ ਸਰੈ॥		Thab Lag Kaaj Eaek Nehee Sarai ||	None of his tasks is accomplished.	ਤਦ ਤਕ ਇਸ ਦਾ (ਆਤਮਕ ਜੀਵਨ ਦਾ) ਇੱਕ ਕੰਮ ਭੀ ਨਹੀਂ ਸੌਰਦਾ।
49901	1160	ਜਬ ਮੇਰੀ ਮੇਰੀ ਮਿਟਿ ਜਾਇ॥		Jab Maeree Maeree Mitt Jaae ||	When such possessiveness is erased and removed,	ਜਦੋਂ ਇਸ ਦੀ ਮਮਤਾ ਮਿਟ ਜਾਂਦੀ ਹੈ,
49902	1161	ਤਬ ਪ੍ਰਭ ਕਾਜੁ ਸਵਾਰਹਿ ਆਇ॥੧॥		Thab Prabh Kaaj Savaarehi Aae ||1||	Then God comes and resolves his affairs. ||1||	ਤਦੋਂ ਪ੍ਰਭੂ ਜੀ (ਇਸ ਦੇ ਹਿਰਦੇ ਵਿਚ) ਵੱਸ ਕੇ ਜੀਵਨ-ਮਨੋਰਥ ਪੂਰਾ ਕਰ ਦੇਂਦੇ ਹਨ ॥੧॥

49903	1161	ਐਸਾ ਗਿਆਨੁ ਬਿਚਾਰੁ ਮਨਾ॥		Aisaa Giaan Bichaar Manaa ||	Contemplate such spiritual wisdom, O mortal man.	ਹੇ ਮਨ! ਕੋਈ ਅਜਿਹੀ ਉੱਚੀ ਸਮਝ ਦੀ ਗੱਲ ਸੋਚ (ਜਿਸ ਨਾਲ ਤੂੰ ਸਿਮਰਨ ਵਲ ਪਰਤ ਸਕੇਂ)।
49904	1161	ਹਰਿ ਕੀ ਨ ਸਿਮਰਹੁ ਦੁਖਭੰਜਨਾ॥੧॥ਰਹਾਉ॥		Har Kee N Simarahu Dhukh Bhanjanaa ||1|| Rehaao ||	Why not meditate in remembrance on the Lord, the Destroyer of pain? ||1||Pause||	ਹੇ ਮੇਰੇ ਮਨ! ਸਭ ਦੁੱਖਾਂ ਦੇ ਨਾਸ ਕਰਨ ਵਾਲੇ ਪ੍ਰਭੂ ਨੂੰ ਕਿਉਂ ਨਹੀਂ ਸਿਮਰਦਾ? ॥੧॥ ਰਹਾਉ ॥
49905	1161	ਜਬ ਲਗ ਸਿੰਘੁ ਰਹੈ ਬਨ ਮਾਹਿ॥		Jab Lag Singh Rehai Ban Maahi ||	As long as the tiger lives in the forest,	ਜਦ ਤਾਈਂ ਇਸ ਹਿਰਦੇ-ਰੂਪ ਜੰਗਲ ਵਿਚ ਅਹੰਕਾਰ-ਸ਼ੇਰ ਰਹਿੰਦਾ ਹੈ,
49906	1161	ਤਬ ਲਗੁ ਬਨੁ ਫੂਲੈ ਹੀ ਨਾਹਿ॥		Thab Lag Ban Foolai Hee Naahi ||	The forest does not flower.	ਤਦ ਤਾਈਂ ਇਹ ਹਿਰਦਾ-ਫੁਲਵਾੜੀ ਫੁੱਲਦੀ ਨਹੀਂ (ਹਿਰਦੇ ਵਿਚ ਕੋਮਲ ਗੁਣ ਉੱਘੜਦੇ ਨਹੀਂ)।
49907	1161	ਜਬ ਹੀ ਸਿਆਰੁ ਸਿੰਘ ਕਉ ਖਾਇ॥	ਅਜਪਾ ਜਾਪ ਨਾਮ ਰੂਪੀ (ਸਿਆਰੁ) ਸਰਭਾ। ਹੰਕਾਰ ਰੂਪੀ ਸਿੰਘ	Jab Hee Siaar Singh Ko Khaae ||	But when the jackal eats the tiger,	ਪਰ, ਜਦੋਂ (ਨਿਮ੍ਰਤਾ-ਰੂਪ) ਗਿੱਦੜ (ਅਹੰਕਾਰ-) ਸ਼ੇਰ ਨੂੰ ਖਾ ਜਾਂਦਾ ਹੈ,
49908	1161	ਫੂਲਿ ਰਹੀ ਸਗਲੀ ਬਨਰਾਇ॥੨॥		Fool Rehee Sagalee Banaraae ||2||	Then the entire forest flowers. ||2||	ਤਾਂ (ਹਿਰਦੇ ਦੀ ਸਾਰੀ) ਬਨਸਪਤੀ ਨੂੰ ਫੁੱਲ ਲੱਗ ਪੈਂਦੇ ਹਨ ॥੨॥

49909	1161	ਜੀਤੋ ਬੂਡੈ ਹਾਰੋ ਤਿਰੈ॥		Jeetho Booddai Haaro Thirai ||	The victorious are drowned, while the defeated swim across.	ਜੋ ਮਨੁੱਖ (ਕਿਸੇ ਮਾਣ ਵਿਚ ਆ ਕੇ) ਇਹ ਸਮਝਦਾ ਹੈ ਕਿ ਮੈਂ ਬਾਜ਼ੀ ਜਿੱਤ ਲਈ ਹੈ, ਉਹ ਸੰਸਾਰ-ਸਮੁੰਦਰ ਵਿਚ ਡੁੱਬ ਜਾਂਦਾ ਹੈ।
49910	1161	ਗੁਰ ਪਰਸਾਦੀ ਪਾਰਿ ਉਤਰੈ॥		Gur Parasaadhee Paar Outharai ||	By Guru's Grace, one crosses over and is saved.	ਪਰ ਜੋ ਮਨੁੱਖ ਗ਼ਰੀਬੀ ਸੁਭਾਵ ਵਿਚ ਤੁਰਦਾ ਹੈ, ਉਹ ਤਰ ਜਾਂਦਾ ਹੈ, ਉਹ ਆਪਣੇ ਗੁਰੂ ਦੀ ਮਿਹਰ ਨਾਲ ਪਾਰ ਲੰਘ ਜਾਂਦਾ ਹੈ।
49911	1161	ਦਾਸੁ ਕਬੀਰੁ ਕਹੈ ਸਮਝਾਇ॥		Dhaas Kabeer Kehai Samajhaae ||	Slave Kabeer speaks and teaches:	ਸੇਵਕ ਕਬੀਰ ਸਮਝਾ ਕੇ ਆਖਦਾ ਹੈ,
49912	1161	ਕੇਵਲ ਰਾਮ ਰਹਹੁ ਲਿਵ ਲਾਇ॥੩॥੬॥੧੪॥		Kaeval Raam Rehahu Liv Laae ||3||6||14||	Remain lovingly absorbed, attuned to the Lord alone. ||3||6||14||	ਕਿ ਸਿਰਫ਼ ਪਰਮਾਤਮਾ ਦੇ ਚਰਨਾਂ ਵਿਚ ਮਨ ਜੋੜੀ ਰੱਖੋ ॥੩॥੬॥੧੪॥
49913	1161	ਸਤਰਿ ਸੈਇ ਸਲਾਰ ਹੈ ਜਾ ਕੇ॥	ਸੱਤਰਿ (ਸੈਇ) ਹਜ਼ਾਰ। (ਸਲਾਰ) ਫਰੇਸ਼ਤੇ	Sathar Saie Salaar Hai Jaa Kae ||	He has 7,000 commanders,	ਜਿਸ ਖ਼ੁਦਾ ਦੇ ਸੱਤ ਹਜ਼ਾਰ ਫ਼ਰਿਸ਼ਤੇ (ਤੂੰ ਦੱਸਦਾ ਹੈਂ),
49914	1161	ਸਵਾ ਲਾਖੁ ਪੈਕਾਬਰ ਤਾ ਕੇ॥		Savaa Laakh Paikaabar Thaa Kae ||	And hundreds of thousands of prophets;	ਉਸ ਦੇ ਸਵਾ ਲੱਖ ਪੈਗ਼ੰਬਰ (ਤੂੰ ਆਖਦਾ ਹੈਂ),
49915	1161	ਸੇਖ ਜੁ ਕਹੀਅਹਿ ਕੋਟਿ ਅਠਾਸੀ॥		Saekh J Keheeahi Kott Athaasee ||	He is said to have 88,000,000 shaykhs,	ਅਠਾਸੀ ਕਰੋੜ ਉਸ ਦੇ (ਦਰ ਤੇ ਰਹਿਣ ਵਾਲੇ) ਬਜ਼ੁਰਗ ਆਲਿਮ ਸ਼ੇਖ਼ ਕਹੇ ਜਾ ਰਹੇ ਹਨ,

49916	1161	ਛਪਨ ਕੋਟਿ ਜਾ ਕੇ ਖੇਲ ਖਾਸੀ॥੧॥	ਖੇਲ	Shhapan Kott Jaa Kae Khael Khaasee ||1||	And 56,000,000 attendants. ||1||	ਤੇ ਛਵੰਜਾ ਕਰੋੜ ਜਿਸ ਦੇ ਮੁਸਾਹਿਬ (ਤੂੰ ਦੱਸਦਾ ਹੈਂ, ਉਸ ਦੇ ਦਰਬਾਰ ਤਕ) ॥੧॥
49917	1161	ਮੋ ਗਰੀਬ ਕੀ ਕੋ ਗੁਜਰਾਵੈ॥	(ਕੋ) ਕੌਣ। (ਗੁਜਰਾਵੈ) ਪਹੁੰਚ ਕਰਾਵੇ	Mo Gareeb Kee Ko Gujaraavai ||	I am meek and poor - what chance do I have of being heard there?	ਮੇਰੀ ਗ਼ਰੀਬ ਦੀ ਅਰਜ਼ ਕੌਣ ਅਪੜਾਵੇਗਾ?
49918	1161	ਮਜਲਸਿ ਦੂਰਿ ਮਹਲੁ ਕੋ ਪਾਵੈ॥੧॥ਰਹਾਉ॥		Majalas Dhoor Mehal Ko Paavai ||1|| Rehaao ||	His Court is so far away; only a rare few attain the Mansion of His Presence. ||1||Pause||	(ਫਿਰ ਤੂੰ ਕਹਿੰਦਾ ਹੈਂ ਕਿ ਉਸ ਦਾ) ਦਰਬਾਰ ਦੂਰ (ਸਤਵੇਂ ਅਸਮਾਨ ਤੇ) ਹੈ। (ਮੈਂ ਤਾਂ ਗ਼ਰੀਬ ਜੁਲਾਹ ਹਾਂ, ਉਸ ਦਾ) ਘਰ (ਮੇਰਾ) ਕੌਣ ਲੱਭੇਗਾ? ॥੧॥ ਰਹਾਉ ॥
49919	1161	ਤੇਤੀਸ ਕਰੋੜੀ ਹੈ ਖੇਲਖਾਨਾ॥	(ਖੇਲਖਾਨਾ) ਰਸੋਈ	Thaethees Karorree Hai Khael Khaanaa ||	He has 33,000,000 play-houses.	(ਬੈਕੁੰਠ ਦੀਆਂ ਗੱਲਾਂ ਦੱਸਣ ਵਾਲੇ ਭੀ ਆਖਦੇ ਹਨ ਕਿ) ਤੇਤੀ ਕਰੋੜ ਦੇਵਤੇ ਉਸ ਦੇ ਸੇਵਕ ਹਨ (ਉਹਨਾਂ ਭੀ ਮੇਰੀ ਕਿੱਥੇ ਸੁਣਨੀ ਹੈ?)।
49920	1161	ਚਉਰਾਸੀ ਲਖ ਫਿਰੈ ਦਿਵਾਨਾਂ॥	ਲੱਖ	Chouraasee Lakh Firai Dhivaanaan ||	His beings wander insanely through 8.4 million incarnations.	ਚੌਰਾਸੀਹ ਲੱਖ ਜੂਨੀਆਂ ਦੇ ਜੀਵ (ਉਸ ਤੋਂ ਖੁੰਝੇ ਹੋਏ) ਝੱਲੇ ਹੋਏ ਫਿਰਦੇ ਹਨ।
49921	1161	ਬਾਬਾ ਆਦਮ ਕਉ ਕਿਛੁ ਨਦਰਿ ਦਿਖਾਈ॥		Baabaa Aadham Ko Kishh Nadhar Dhikhaaee ||	He bestowed His Grace on Adam, the father of mankind,	(ਤੁਸੀਂ ਦੱਸਦੇ ਹੋ ਕਿ ਖ਼ੁਦਾ ਨੇ ਬਾਬਾ ਆਦਮ ਨੂੰ ਬਹਿਸ਼ਤ ਵਿਚ ਰੱਖਿਆ ਸੀ, ਪਰ ਤੁਹਾਡੇ ਹੀ ਆਖਣ ਅਨੁਸਾਰ) ਜਦੋਂ ਬਾਬਾ ਆਦਮ ਨੂੰ ਰੱਬ ਨੇ (ਉਸ ਦੀ ਹੁਕਮ-ਅਦੂਲੀ ਤੇ) ਰਤਾ ਕੁ ਅੱਖ ਵਿਖਾਈ,

49922	1161	ਉਨਿ ਭੀ ਭਿਸਤਿ ਘਨੇਰੀ ਪਾਈ॥੨॥		Oun Bhee Bhisath Ghanaeree Paaee ||2||	Who then lived in paradise for a long time. ||2||	ਤਾਂ ਉਸ ਆਦਮ ਨੇ ਭੀ ਉਹ ਬਹਿਸ਼ਤ ਥੋੜਾ ਚਿਰ ਹੀ ਮਾਣਿਆ (ਉੱਥੋਂ ਛੇਤੀ ਕੱਢਿਆ ਗਿਆ, ਤੇ ਜੇ ਬਾਬਾ ਆਦਮ ਵਰਗੇ ਕੱਢੇ ਗਏ, ਤਾਂ ਦੱਸ, ਮੈਨੂੰ ਗ਼ਰੀਬ ਨੂੰ ਉੱਥੇ ਕੋਈ ਕਿਤਨਾ ਚਿਰ ਰਹਿਣ ਦੇਵੇਗਾ?) ॥੨॥
49923	1161	ਦਿਲ ਖਲਹਲੁ ਜਾ ਕੈ ਜਰਦ ਰੂ ਬਾਨੀ॥	ਪਾਪ ਦੀ (ਖਲਹਲੁ) ਘਬਰਾਹਟ। (ਜਰਦ) ਪੀਲਾ। (ਰੂ) ਚੇਹਰਾ। (ਬਾਨੀ) ਰੰਗਤ। ਬਾਨੀ: ਪੋਲਾ ਬੋਲੋ	Dhil Khalehal Jaa Kai Jaradh Roo Baanee ||	Pale are the faces of those whose hearts are disturbed.	ਜਿਸ ਦੇ ਭੀ ਦਿਲ ਵਿਚ (ਵਿਕਾਰਾਂ ਦੀ) ਗੜਬੜ ਹੈ, ਉਸ ਦੇ ਮੂੰਹ ਦੀ ਰੰਗਤ ਪੀਲੀ ਪੈ ਜਾਂਦੀ ਹੈ (ਭਾਵ, ਉਹ ਹੀ ਪ੍ਰਭੂ-ਦਰ ਤੋਂ ਧੱਕਿਆ ਜਾਂਦਾ ਹੈ)।
49924	1161	ਛੋਡਿ ਕਤੇਬ ਕਰੈ ਸੈਤਾਨੀ॥		Shhodd Kathaeb Karai Saithaanee ||	They have forsaken their Bible, and practice Satanic evil.	ਅਜਿਹਾ ਮਨੁੱਖ ਆਪਣੇ ਧਰਮ-ਪੁਸਤਕਾਂ (ਦੇ ਦੱਸੇ ਰਾਹ) ਨੂੰ ਛੱਡ ਕੇ ਮੰਦੇ ਪਾਸੇ ਤੁਰਦਾ ਹੈ,
49925	1161	ਦੁਨੀਆ ਦੋਸੁ ਰੋਸੁ ਹੈ ਲੋਈ॥		Dhuneeaa Dhos Ros Hai Loee ||	One who blames the world, and is angry with people,	ਉਹ (ਅੰਞਾਣ-ਪੁਣੇ ਵਿਚ) ਦੁਨੀਆ ਨੂੰ ਦੋਸ਼ ਦੇਂਦਾ ਹੈ, ਜਗਤ ਤੇ ਗੁੱਸਾ ਕਰਦਾ ਹੈ,
49926	1161	ਅਪਨਾ ਕੀਆ ਪਾਵੈ ਸੋਈ॥੩॥		Apanaa Keeaa Paavai Soee ||3||	Shall receive the fruits of his own actions. ||3||	(ਹਾਲਾਂਕਿ ਉਹ) ਮਨੁੱਖ ਆਪਣਾ ਕੀਤਾ ਆਪ ਹੀ ਪਾਂਦਾ ਹੈ ॥੩॥
49927	1161	ਤੁਮ ਦਾਤੇ ਹਮ ਸਦਾ ਭਿਖਾਰੀ॥		Thum Dhaathae Ham Sadhaa Bhikhaaree ||	You are the Great Giver, O Lord; I am forever a beggar at Your Door.	(ਹੇ ਮੇਰੇ ਪ੍ਰਭੂ! ਮੈਨੂੰ ਕਿਸੇ ਬਹਿਸ਼ਤ ਬੈਕੁੰਠ ਦੀ ਲੋੜ ਨਹੀਂ ਹੈ) ਤੂੰ ਮੇਰਾ ਦਾਤਾ ਹੈਂ, ਮੈਂ ਸਦਾ (ਤੇਰੇ ਦਰ ਦਾ) ਮੰਗਤਾ ਹਾਂ (ਜੋ ਕੁਝ ਤੂੰ ਮੈਨੂੰ ਦੇ ਰਿਹਾ ਹੈਂ ਉਹੀ ਠੀਕ ਹੈ,

49928	1161	ਦੇਉ ਜਬਾਬੁ ਹੋਇ ਬਜਗਾਰੀ॥		Dhaeo Jabaab Hoe Bajagaaree ||	If I were to deny You, then I would be a wretched sinner.	ਤੇਰੀ ਕਿਸੇ ਭੀ ਦਾਤ ਅੱਗੇ) ਜੇ ਮੈਂ ਨਾਹ-ਨੁੱਕਰ ਕਰਾਂ ਤਾਂ ਇਹ ਮੇਰੀ ਗੁਨਹਗਾਰੀ ਹੋਵੇਗੀ।
49929	1161	ਦਾਸੁ ਕਬੀਰੁ ਤੇਰੀ ਪਨਹ ਸਮਾਨਾਂ॥		Dhaas Kabeer Thaeree Paneh Samaanaan ||	Slave Kabeer has entered Your Shelter.	ਮੈਂ ਤੇਰਾ ਦਾਸ ਕਬੀਰ ਤੇਰੀ ਸ਼ਰਨ ਆਇਆ ਹਾਂ।
49930	1161	ਭਿਸਤੁ ਨਜੀਕਿ ਰਾਖੁ ਰਹਮਾਨਾ॥੪॥੭॥੧੫॥	(ਰਹਮਾਨਾ) ਰਹਿਮ ਕਰਨ ਵਾਲੇ	Bhisath Najeek Raakh Rehamaanaa ||4||7||15||	Keep me near You, O Merciful Lord God - that is heaven for me. ||4||7||15||	ਹੇ ਰਹਿਮ ਕਰਨ ਵਾਲੇ! ਮੈਨੂੰ ਆਪਣੇ ਚਰਨਾਂ ਦੇ ਨੇੜੇ ਰੱਖ, (ਇਹੀ ਮੇਰੇ ਲਈ) ਬਹਿਸ਼ਤ ਹੈ ॥੪॥੭॥੧੫॥
49931	1161	ਸਭੁ ਕੋਈ ਚਲਨ ਕਹਤ ਹੈ ਊਹਾਂ॥		Sabh Koee Chalan Kehath Hai Oohaan ||	Everyone speaks of going there,	ਹਰ ਕੋਈ ਆਖ ਰਿਹਾ ਹੈ ਕਿ ਮੈਂ ਉਸ ਬੈਕੁੰਠ ਵਿਚ ਅੱਪੜਨਾ ਹੈ।
49932	1161	ਨਾ ਜਾਨਉ ਬੈਕੁੰਠੁ ਹੈ ਕਹਾਂ॥੧॥ਰਹਾਉ॥		Naa Jaano Baikunth Hai Kehaan ||1|| Rehaao ||	But I do not even know where heaven is. ||1||Pause||	ਪਰ ਮੈਨੂੰ ਤਾਂ ਸਮਝ ਨਹੀਂ ਆਈ, (ਇਹਨਾਂ ਦਾ ਉਹ) ਬੈਕੁੰਠ ਕਿੱਥੇ ਹੈ ॥੧॥ ਰਹਾਉ ॥
49933	1161	ਆਪ ਆਪ ਕਾ ਮਰਮੁ ਨ ਜਾਨਾਂ॥		Aap Aap Kaa Maram N Jaanaan ||	One who does not even know the mystery of his own self,	(ਇਹਨਾਂ ਲੋਕਾਂ ਨੇ) ਆਪਣੇ ਆਪ ਦਾ ਤਾਂ ਭੇਤ ਨਹੀਂ ਪਾਇਆ,
49934	1161	ਬਾਤਨ ਹੀ ਬੈਕੁੰਠੁ ਬਖਾਨਾਂ॥੧॥		Baathan Hee Baikunth Bakhaanaan ||1||	Speaks of heaven, but it is only talk. ||1||	ਨਿਰੀਆਂ ਗੱਲਾਂ ਨਾਲ ਹੀ 'ਬੈਕੁੰਠ' ਆਖ ਰਹੇ ਹਨ ॥੧॥

49935	1161	ਜਬ ਲਗੁ ਮਨ ਬੈਕੁੰਠ ਕੀ ਆਸ॥		Jab Lag Man Baikunth Kee Aas ||	As long as the mortal hopes for heaven,	ਹੇ ਮਨ! ਜਦ ਤਕ ਤੇਰੀਆਂ ਬੈਕੁੰਠ ਅੱਪੜਨ ਦੀਆਂ ਆਸਾਂ ਹਨ,
49936	1161	ਤਬ ਲਗੁ ਨਾਹੀ ਚਰਨ ਨਿਵਾਸ॥੨॥		Thab Lag Naahee Charan Nivaas ||2||	He will not dwell at the Lord's Feet. ||2||	ਤਦ ਤਕ ਪ੍ਰਭੂ ਦੇ ਚਰਨਾਂ ਵਿਚ ਨਿਵਾਸ ਨਹੀਂ ਹੋ ਸਕਦਾ ॥੨॥
49937	1161	ਖਾਈ ਕੋਟੁ ਨ ਪਰ ਲਪ ਗਾਰਾ॥	(ਪਰ) ਵਿਸ਼ੇਸ਼ ਕਰਕੇ। (ਲਪ) ਲਿੱਪਣ ਵਾਲੇ	Khaaee Kott N Paral Pagaaraa ||	Heaven is not a fort with moats and ramparts, and walls plastered with mud;	(ਮੈਨੂੰ ਤਾਂ ਪਤਾ ਨਹੀਂ ਇਹਨਾਂ ਲੋਕਾਂ ਦੇ) ਬੈਕੁੰਠ ਦੇ ਕਿਲ੍ਹੇ ਦੁਆਲੇ ਕਿਹੋ ਜਿਹੀ ਖਾਈ ਹੈ, ਕਿਹੋ ਜਿਹਾ ਸ਼ਹਿਰ ਹੈ, ਕਿਹੋ ਜਿਹੀ ਉਸ ਦੀ ਫ਼ਸੀਲ ਹੈ।
49938	1161	ਨਾ ਜਾਨਉ ਬੈਕੁੰਠ ਦੁਆਰਾ॥੩॥		Naa Jaano Baikunth Dhuaaraa ||3||	I do not know what heaven's gate is like. ||3||	ਮੈਂ ਨਹੀਂ ਜਾਣਦਾ (ਕਿ ਇਹਨਾਂ ਲੋਕਾਂ ਦੇ) ਬੈਕੁੰਠ ਦਾ ਬੂਹਾ ਕਿਹੋ ਜਿਹਾ ਹੈ ॥੩॥
49939	1161	ਕਹਿ ਕਮੀਰ ਅਬ ਕਹੀਐ ਕਾਹਿ॥		Kehi Kameer Ab Keheeai Kaahi ||	Says Kabeer, now what more can I say?	ਕਬੀਰ ਆਖਦਾ ਹੈ ਕਿ (ਇਹ ਲੋਕ ਸਮਝਦੇ ਨਹੀਂ ਕਿ ਅਗਾਂਹ ਕਿਤੇ ਬੈਕੁੰਠ ਨਹੀਂ ਹੈ) ਕਿਸ ਨੂੰ ਹੁਣ ਆਖੀਏ,
49940	1161	ਸਾਧਸੰਗਤਿ ਬੈਕੁੰਠੈ ਆਹਿ॥੪॥੮॥੧੬॥		Saadhhasangath Baikunthai Aahi ||4||8||16||	The Saadh Sangat, the Company of the Holy, is heaven itself. ||4||8||16||	ਕਿ ਸਾਧ-ਸੰਗਤ ਹੀ ਬੈਕੁੰਠ ਹੈ? (ਤੇ ਉਹ ਬੈਕੁੰਠ ਇੱਥੇ ਹੀ ਹੈ) ॥੪॥੮॥੧੬॥
49941	1161	ਕਿਉ ਲੀਜੈ ਗਢੁ ਬੰਕਾ ਭਾਈ॥		Kio Leejai Gadt Bankaa Bhaaee ||	How can the beautiful fortress be conquered, O Siblings of Destiny?	ਹੇ ਭਾਈ! ਇਹ (ਸਰੀਰ-ਰੂਪ) ਪੱਕਾ ਕਿਲ੍ਹਾ ਕਾਬੂ ਕਰਨਾ ਬਹੁਤ ਔਖਾ ਹੈ।

49942	1161	ਦੋਵਰ ਕੋਟ ਅਰੁ ਤੇਵਰ ਖਾਈ॥੧॥ਰਹਾਉ॥		Dhovar Kott Ar Thaevar Khaaee ||1|| Rehaao ||	It has double walls and triple moats. ||1||Pause||	ਇਸ ਦੇ ਦੁਆਲੇ ਦ੍ਵੈਤ ਦੀ ਦੋਹਰੀ ਫ਼ਸੀਲ ਤੇ ਤਿੰਨ ਗੁਣਾਂ ਦੀ ਤੇਹਰੀ ਖਾਈ ਹੈ ॥੧॥ ਰਹਾਉ ॥
49943	1161	ਪਾਂਚ ਪਚੀਸ ਮੋਹ ਮਦ ਮਤਸਰ ਆਡੀ ਪਰਬਲ ਮਾਇਆ॥	ਕਿਲੇ ਦੀ (ਆਡੀ) ਖਾਈ ਤੋਂ ਪਾਰਉਚੀ ਵੱਟ।ਪੱਚੀਸ,ਮਦ: ਪੋਲਾ ਬੋਲੋ	Paanch Pachees Moh Madh Mathasar Aaddee Parabal Maaeiaa ||	It is defended by the five elements, the twenty-five categories, attachment, pride, jealousy and the awesomely powerful Maya.	ਬਲ ਵਾਲੀ ਮਾਇਆ ਦਾ ਆਸਰਾ ਲੈ ਕੇ ਪੰਜ ਕਾਮਾਦਿਕ, ਪੰਝੀ ਤੱਤ, ਮੋਹ, ਅਹੰਕਾਰ, ਈਰਖਾ (ਦੀ ਫ਼ੌਜ ਲੜਨ ਨੂੰ ਤਿਆਰ ਹੈ)।
49944	1161	ਜਨ ਗਰੀਬ ਕੋ ਜੋਰੁ ਨ ਪਹੁਚੈ ਕਹਾ ਕਰਉ ਰਘੁਰਾਇਆ॥੧॥		Jan Gareeb Ko Jor N Pahuchai Kehaa Karo Raghuraaeiaa ||1||	The poor mortal being does not have the strength to conquer it; what should I do now, O Lord? ||1||	ਹੇ ਪ੍ਰਭੂ! ਮੇਰੀ ਗ਼ਰੀਬ ਦੀ ਕੋਈ ਪੇਸ਼ ਨਹੀਂ ਜਾਂਦੀ, (ਦੱਸ) ਮੈਂ ਕੀਹ ਕਰਾਂ? ॥੧॥
49945	1161	ਕਾਮੁ ਕਿਵਾਰੀ ਦੁਖੁ ਸੁਖੁ ਦਰਵਾਨੀ ਪਾਪੁ ਪੁੰਨੁ ਦਰਵਾਜਾ॥	(ਕਿਵਾਰੀ) ਬਾਰੀ। (ਦਰਵਾਨੀ) ਦਰਵਾਨਚੀ	Kaam Kivaaree Dhukh Sukh Dharavaanee Paap Punn Dharavaajaa ||	Sexual desire is the window, pain and pleasure are the gate-keepers, virtue and sin are the gates.	ਕਾਮ (ਇਸ ਕਿਲ੍ਹੇ ਦੇ) ਬੂਹੇ ਦਾ ਮਾਲਕ ਹੈ, ਦੁਖ ਤੇ ਸੁਖ ਪਹਿਰੇਦਾਰ ਹਨ, ਪਾਪ ਤੇ ਪੁੰਨ (ਕਿਲ੍ਹੇ ਦੇ) ਦਰਵਾਜ਼ੇ ਹਨ,

49946	1161	ਕ੍ਰੋਧੁ ਪ੍ਰਧਾਨੁ ਮਹਾ ਬਡ ਦੁੰਦਰ ਤਹ ਮਨੁ ਮਾਵਾਸੀ ਰਾਜਾ॥੨॥	(ਦੁੰਦਰ) ਦੁੰਦ ਜੁੱਧ ਮਚੌਣ ਵਾਲਾ। (ਮਾਵਾਸੀ) ਆਕੀ।ਰਾਜਾ: ਪੋਲਾ ਬੋਲੋ	Krodhh Pradhhaan Mehaa Badd Dhundhar Theh Man Maavaasee Raajaa ||2||	Anger is the great supreme commander, full of argument and strife, and the mind is the rebel king there. ||2||	ਬੜਾ ਲੜਾਕਾ ਕ੍ਰੋਧ (ਕਿਲ੍ਹੇ ਦਾ) ਚੌਧਰੀ ਹੈ। ਅਜਿਹੇ ਕਿਲ੍ਹੇ ਵਿਚ ਮਨ ਰਾਜਾ ਆਕੀ ਹੋ ਕੇ ਬੈਠਾ ਹੈ ॥੨॥
49947	1161	ਸ੍ਵਾਦ ਸਨਾਹ ਟੋਪੁ ਮਮਤਾ ਕੋ ਕੁਬੁਧਿ ਕਮਾਨ ਚਢਾਈ॥	ਸੁਆਦ। ਕੁ-ਬੁੱਧਿ	Svaadh Sanaah Ttop Mamathaa Ko Kubudhh Kamaan Chadtaaee ||	Their armor is the pleasure of tastes and flavors, their helmets are worldly attachments; they take aim with their bows of corrupt intellect.	(ਜੀਭ ਦੇ) ਚਸਕੇ (ਮਨ-ਰਾਜੇ ਨੇ) ਸੰਜੋਅ (ਪਹਿਨੀ ਹੋਈ ਹੈ), ਮਮਤਾ ਦਾ ਟੋਪ (ਪਾਇਆ ਹੋਇਆ ਹੈ), ਭੈੜੀ ਮੱਤ ਦੀ ਕਮਾਨ ਕੱਸੀ ਹੋਈ ਹੈ,
49948	1161	ਤਿਸਨਾ ਤੀਰ ਰਹੇ ਘਟ ਭੀਤਰਿ ਇਉ ਗਢੁ ਲੀਓ ਨ ਜਾਈ॥੩॥		Thisanaa Theer Rehae Ghatt Bheethar Eio Gadt Leeou N Jaaee ||3||	The greed that fills their hearts is the arrow; with these things, their fortress is impregnable. ||3||	ਤ੍ਰਿਸ਼ਨਾ ਦੇ ਤੀਰ ਅੰਦਰ ਹੀ ਅੰਦਰ ਕੱਸੇ ਹੋਏ ਹਨ। ਅਜਿਹਾ ਕਿਲ੍ਹਾ (ਮੈਥੋਂ) ਜਿੱਤਿਆ ਨਹੀਂ ਜਾ ਸਕਦਾ ॥੩॥
49949	1161	ਪ੍ਰੇਮ ਪਲੀਤਾ ਸੁਰਤਿ ਹਵਾਈ ਗੋਲਾ ਗਿਆਨੁ ਚਲਾਇਆ॥	ਗੋਲ਼ਾ	Praem Paleethaa Surath Havaaee Golaa Giaan Chalaaeiaa ||	But I have made divine love the fuse, and deep meditation the bomb; I have launched the rocket of spiritual wisdom.	(ਪਰ ਜਦੋਂ ਮੈਂ ਪ੍ਰਭੂ-ਚਰਨਾਂ ਦੇ) ਪ੍ਰੇਮ ਦਾ ਪਲੀਤਾ ਲਾਇਆ, (ਪ੍ਰਭੂ-ਚਰਨਾਂ ਵਿਚ ਜੁੜੀ) ਸੁਰਤ ਨੂੰ ਹਵਾਈ ਬਣਾਇਆ, (ਗੁਰੂ ਦੇ ਬਖ਼ਸ਼ੇ) ਗਿਆਨ ਦਾ ਗੋਲਾ ਚਲਾਇਆ,

49950	1161	ਬ੍ਰਹਮ ਅਗਨਿ ਸਹਜੇ ਪਰਜਾਲੀ ਏਕਹਿ ਚੋਟ ਸਿਝਾਇਆ॥੪॥	(ਸਿਝਾਇਆ)ਜਿੱਤਿਆ। ਪਰ-ਜਾਲੀ। ਸਿੱਝਾਇਆ	Breham Agan Sehajae Parajaalee Eaekehi Chott Sijhaaeiaa ||4||	The fire of God is lit by intuition, and with one shot, the fortress is taken. ||4||	ਸਹਿਜ ਅਵਸਥਾ ਵਿਚ ਅੱਪੜ ਕੇ ਅੰਦਰ ਰੱਬੀ-ਜੋਤ ਜਗਾਈ, ਤਾਂ ਇੱਕੋ ਹੀ ਸੱਟ ਨਾਲ ਕਾਮਯਾਬੀ ਹੋ ਗਈ ॥੪॥
49951	1161	ਸਤੁ ਸੰਤੋਖੁ ਲੈ ਲਰਨੇ ਲਾਗਾ ਤੋਰੇ ਦੁਇ ਦਰਵਾਜਾ॥		Sath Santhokh Lai Laranae Laagaa Thorae Dhue Dharavaajaa ||	Taking truth and contentment with me, I begin the battle and storm both the gates.	ਸਤ ਤੇ ਸੰਤੋਖ ਲੈ ਕੇ ਮੈਂ (ਉਸ ਫ਼ੌਜ ਦੇ ਟਾਕਰੇ ਤੇ) ਲੜਨ ਲੱਗ ਪਿਆ, ਦੋਵੇਂ ਦਰਵਾਜ਼ੇ ਮੈਂ ਭੰਨ ਲਏ,
49952	1161	ਸਾਧਸੰਗਤਿ ਅਰੁ ਗੁਰ ਕੀ ਕ੍ਰਿਪਾ ਤੇ ਪਕਰਿਓ ਗਢ ਕੋ ਰਾਜਾ॥੫॥		Saadhhasangath Ar Gur Kee Kirapaa Thae Pakariou Gadt Ko Raajaa ||5||	In the Saadh Sangat, the Company of the Holy, and by Guru's Grace, I have captured the king of the fortress. ||5||	ਸਤਿਗੁਰੂ ਤੇ ਸਤਸੰਗ ਦੀ ਮਿਹਰ ਨਾਲ ਮੈਂ ਕਿਲ੍ਹੇ ਦਾ (ਆਕੀ) ਰਾਜਾ ਫੜ ਲਿਆ ॥੫॥
49953	1162	ਭਗਵਤ ਭੀਰਿ ਸਕਤਿ ਸਿਮਰਨ ਕੀ ਕਟੀ ਕਾਲ ਭੈ ਫਾਸੀ॥		Bhagavath Bheer Sakath Simaran Kee Kattee Kaal Bhai Faasee ||	With the army of God's devotees, and Shakti, the power of meditation, I have snapped the noose of the fear of death.	ਸਤਸੰਗ ਤੇ ਸਿਮਰਨ ਦੇ ਬਲ ਨਾਲ ਮੈਂ ਕਾਲ ਦੀ ਫਾਹੀ, ਦੁਨੀਆ ਦੇ ਡਰਾਂ ਦੀ ਫਾਹੀ, ਵੱਢ ਲਈ ਹੈ।

49954	1162	ਦਾਸੁ ਕਮੀਰੁ ਚੜਿਓ ਗੜ੍ਹ ਊਪਰਿ ਰਾਜੁ ਲੀਓ ਅਬਿਨਾਸੀ॥੬॥੯॥੧੭॥		Dhaas Kameer Charrihou Garrh Oopar Raaj Leeou Abinaasee ||6||9||17||	Slave Kabeer has climbed to the top of the fortress; I have obtained the eternal, imperishable domain. ||6||9||17||	ਪ੍ਰਭੂ ਦਾ ਦਾਸ ਕਬੀਰ ਹੁਣ ਕਿਲ੍ਹੇ ਦੇ ਉੱਪਰ ਚੜ੍ਹ ਬੈਠਾ ਹੈ (ਸਰੀਰ ਨੂੰ ਵੱਸ ਕਰ ਚੁਕਿਆ ਹੈ), ਤੇ ਕਦੇ ਨਾਹ ਨਾਸ ਹੋਣ ਵਾਲੀ ਆਤਮਕ ਬਾਦਸ਼ਾਹੀ ਲੈ ਚੁਕਾ ਹੈ ॥੬॥੯॥੧੭॥
49955	1162	ਗੰਗ ਗੁਸਾਇਨਿ ਗਹਿਰ ਗੰਭੀਰ॥		Gang Gusaaein Gehir Ganbheer ||	The mother Ganges is deep and profound.	ਡੂੰਘੀ ਗੰਭੀਰ ਗੰਗਾ ਮਾਤਾ ਵਿਚ (ਡੋਬਣ ਲਈ)-
49956	1162	ਜੰਜੀਰ ਬਾਂਧਿ ਕਰਿ ਖਰੇ ਕਬੀਰ॥੧॥		Janjeer Baandhh Kar Kharae Kabeer ||1||	Tied up in chains, they took Kabeer there. ||1||	(ਇਹ ਵਿਰੋਧੀ ਲੋਕ) ਮੈਨੂੰ ਕਬੀਰ ਨੂੰ ਜ਼ੰਜੀਰਾਂ ਨਾਲ ਬੰਨ੍ਹ ਕੇ ਡੂੰਘੀ ਗੰਭੀਰ ਗੰਗਾ ਮਾਤਾ ਵਿਚ (ਡੋਬਣ ਲਈ) ਲੈ ਗਏ (ਭਾਵ, ਉਸ ਗੰਗਾ ਵਿਚ ਲੈ ਗਏ ਜਿਸ ਨੂੰ ਇਹ 'ਮਾਤਾ' ਆਖਦੇ ਹਨ ਤੇ ਉਸ ਮਾਤਾ ਕੋਲੋਂ ਜਾਨੋਂ ਮਰਵਾਣ ਦਾ ਅਪਰਾਧ ਕਰਾਣ ਲੱਗੇ) ॥੧॥
49957	1162	ਮਨੁ ਨ ਡਿਗੈ ਤਨੁ ਕਾਹੇ ਕਉ ਡਰਾਇ॥		Man N Ddigai Than Kaahae Ko Ddaraae ||	My mind was not shaken; why should my body be afraid?	ਉਸ ਦਾ ਮਨ (ਕਿਸੇ ਕਸ਼ਟ ਵੇਲੇ) ਡੋਲਦਾ ਨਹੀਂ, ਉਸ ਦੇ ਸਰੀਰ ਨੂੰ (ਕਸ਼ਟ ਦੇ ਦੇ ਕੇ) ਡਰਾਉਣ ਤੋਂ ਕੋਈ ਲਾਭ ਨਹੀਂ ਹੋ ਸਕਦਾ,

49958	1162	ਚਰਨਕਮਲ ਚਿਤੁ ਰਹਿਓ ਸਮਾਇ॥ਰਹਾਉ॥		Charan Kamal Chith Rehiou Samaae || Rehaao ||	My consciousness remained immersed in the Lotus Feet of the Lord. ||1||Pause||	ਜਿਸ ਮਨੁੱਖ ਦਾ ਮਨ ਪ੍ਰਭੂ ਦੇ ਸੁਹਣੇ ਚਰਨਾਂ ਵਿਚ ਲੀਨ ਰਹੇ ॥ ਰਹਾਉ॥
49959	1162	ਗੰਗਾ ਕੀ ਲਹਰਿ ਮੇਰੀ ਟੁਟੀ ਜੰਜੀਰ॥	ਲਹ-ਰਿ	Gangaa Kee Lehar Maeree Ttuttee Janjeer ||	The waves of the Ganges broke the chains,	(ਪਰ ਡੁੱਬਣ ਦੇ ਥਾਂ) ਗੰਗਾ ਦੀਆਂ ਲਹਿਰਾਂ ਨਾਲ ਮੇਰੀ ਜ਼ੰਜੀਰ ਟੁੱਟ ਗਈ,
49960	1162	ਮ੍ਰਿਗਛਾਲਾ ਪਰ ਬੈਠੇ ਕਬੀਰ॥੨॥		Mrigashhaalaa Par Baithae Kabeer ||2||	And Kabeer was seated on a deer skin. ||2||	ਮੈਂ ਕਬੀਰ (ਉਸ ਜਲ ਉੱਤੇ ਇਉਂ ਤਰਨ ਲੱਗ ਪਿਆ ਜਿਵੇਂ) ਮ੍ਰਿਗਛਾਲਾ ਉੱਤੇ ਬੈਠਾ ਹੋਇਆ ਹਾਂ ॥੨॥
49961	1162	ਕਹਿ ਕੰਬੀਰ ਕੋਊ ਸੰਗ ਨ ਸਾਥ॥		Kehi Kanbeer Kooo Sang N Saathh ||	Says Kabeer, I have no friend or companion.	ਕਬੀਰ ਆਖਦਾ ਹੈ ਕਿ ਤੁਹਾਡੇ ਮਿਥੇ ਹੋਏ ਕਰਮ-ਕਾਂਡ ਜਾਂ ਤੀਰਥ-ਇਸ਼ਨਾਨ) ਕੋਈ ਭੀ ਸੰਗੀ ਨਹੀਂ ਬਣ ਸਕਦੇ, ਕੋਈ ਭੀ ਸਾਥੀ ਨਹੀਂ ਹੋ ਸਕਦੇ।
49962	1162	ਜਲ ਥਲ ਰਾਖਨ ਹੈ ਰਘੁਨਾਥ॥੩॥੧੦॥੧੮॥		Jal Thhal Raakhan Hai Raghunaathh ||3||10||18||	On the water, and on the land, the Lord is my Protector. ||3||10||18||	ਪਾਣੀ ਤੇ ਧਰਤੀ ਹਰ ਥਾਂ ਇਕ ਪਰਮਾਤਮਾ ਹੀ ਰੱਖਣ-ਜੋਗ ਹੈ ॥੩॥੧੦॥੧੮॥

49963	1162	ਭੈਰਉ ਕਬੀਰ ਜੀਉ ਅਸਟਪਦੀ ਘਰੁ ੨	ਅਸਟਪਦੀ: ਸ ਪੈਰ ਬਿੰਦੀ ਨ ਲਾਉ	Bhairo Kabeer Jeeo Asattapadhee Ghar 2	Bhairao, Kabeer Jee, Ashtapadees, Second House:	ਰਾਗ ਭੈਰਉ, ਘਰ ੨ ਵਿੱਚ ਭਗਤ ਕਬੀਰ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
49964	1162	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
49965	1162	ਅਗਮ ਦੁਗਮ ਗੜਿ ਰਚਿਓ ਬਾਸ॥	ਗੜ੍ਹਿ	Agam Dhraagam Garr Rachiou Baas ||	God constructed a fortress, inaccessible and unreachable, in which He dwells.	(ਪਰਮਾਤਮਾ ਦੇ ਨਾਮ ਵਿਚ ਸੁਰਤ ਜੋੜਨ ਵਾਲਾ) ਮਨੁੱਖ ਇਕ ਐਸੇ ਕਿਲ੍ਹੇ ਵਿਚ ਵੱਸੋਂ ਬਣਾ ਲੈਂਦਾ ਹੈ ਜਿੱਥੇ (ਵਿਕਾਰ ਆਦਿਕਾਂ ਦੀ) ਪਹੁੰਚ ਨਹੀਂ ਹੋ ਸਕਦੀ, ਜਿੱਥੇ (ਵਿਕਾਰਾਂ ਲਈ) ਅੱਪੜਨਾ ਬੜਾ ਔਖਾ ਹੁੰਦਾ ਹੈ।
49966	1162	ਜਾ ਮਹਿ ਜੋਤਿ ਕਰੇ ਪਰਗਾਸ॥		Jaa Mehi Joth Karae Paragaas ||	There, His Divine Light radiates forth.	ਜਿਸ ਮਨੁੱਖ ਦੇ ਅੰਦਰ ਪ੍ਰਭੂ ਆਪਣੀ ਜੋਤ ਦਾ ਚਾਨਣ ਕਰਦਾ ਹੈ,
49967	1162	ਬਿਜੁਲੀ ਚਮਕੈ ਹੋਇ ਅਨੰਦੁ॥		Bijulee Chamakai Hoe Anandh ||	Lightning blazes, and bliss prevails there,	ਉਸ ਦੇ ਅੰਦਰ, ਮਾਨੋ, ਬਿਜਲੀ ਚਮਕ ਪੈਂਦੀ ਹੈ, ਉੱਥੇ ਸਦਾ ਖਿੜਾਉ ਹੀ ਖਿੜਾਉ ਹੋ ਜਾਂਦਾ ਹੈ,
49968	1162	ਜਿਹ ਪਉੜੇ ਪ੍ਰਭ ਬਾਲ ਗੋਬਿੰਦ॥੧॥		Jih Pourrhae Prabh Baal Gobindh ||1||	Where the Eternally Young Lord God abides. ||1||	(ਨਾਮ ਸਿਮਰਨ ਦੀ ਬਰਕਤਿ ਨਾਲ) ਜਿਸ ਹਿਰਦੇ ਵਿਚ ਬਾਲ-ਸੁਭਾਉ ਪ੍ਰਭੂ-ਗੋਬਿੰਦ ਆ ਵੱਸਦਾ ਹੈ ॥੧॥

49969	1162	ਇਹੁ ਜੀਉ ਰਾਮ ਨਾਮ ਲਿਵ ਲਾਗੈ॥		Eihu Jeeo Raam Naam Liv Laagai ||	This soul is lovingly attuned to the Lord's Name.	(ਜਦੋਂ) ਇਹ ਜੀਵ ਪਰਮਾਤਮਾ ਦੇ ਨਾਮ ਵਿਚ ਸੁਰਤ ਜੋੜਦਾ ਹੈ,
49970	1162	ਜਰਾ ਮਰਨੁ ਛੂਟੈ ਭ੍ਰਮੁ ਭਾਗੈ॥੧॥ਰਹਾਉ॥		Jaraa Maran Shhoottai Bhram Bhaagai ||1|| Rehaao ||	It is saved from old age and death, and its doubt runs away. ||1||Pause||	ਤਾਂ ਇਸ ਦਾ ਬੁਢੇਪਾ (ਬੁਢੇਪੇ ਦਾ ਡਰ) ਮੁੱਕ ਜਾਂਦਾ ਹੈ, ਮੌਤ (ਦਾ ਸਹਿਮ) ਮੁੱਕ ਜਾਂਦਾ ਹੈ ਅਤੇ ਭਟਕਣਾ ਦੂਰ ਹੋ ਜਾਂਦੀ ਹੈ ॥੧॥ ਰਹਾਉ ॥
49971	1162	ਅਬਰਨ ਬਰਨ ਸਿਉ ਮਨ ਹੀ ਪ੍ਰੀਤਿ॥	ਅ-ਬਰਨ	Abaran Baran Sio Man Hee Preeth ||	Those who believe in high and low social classes,	ਪਰ ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਇਸੇ ਖ਼ਿਆਲ ਦੀ ਲਗਨ ਹੈ ਕਿ ਫਲਾਣਾ ਨੀਵੀਂ ਜਾਤ ਦਾ ਤੇ ਫਲਾਣਾ ਉੱਚੀ ਜਾਤ ਦਾ ਹੈ,
49972	1162	ਹਉਮੈ ਗਾਵਨਿ ਗਾਵਹਿ ਗੀਤ॥		Houmai Gaavan Gaavehi Geeth ||	Only sing songs and chants of egotism.	ਉਹ ਸਦਾ ਅਹੰਕਾਰ ਦੀਆਂ ਗੱਲਾਂ ਕਰਦੇ ਰਹਿੰਦੇ ਹਨ।
49973	1162	ਅਨਹਦ ਸਬਦ ਹੋਤ ਝੁਨਕਾਰ॥		Anehadh Sabadh Hoth Jhunakaar ||	The Unstruck Sound-current of the Shabad, the Word of God, resounds in that place,	(ਪਰ) ਉੱਥੇ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਇੱਕ-ਰਸ, ਮਾਨੋ, ਰਾਗ ਹੁੰਦਾ ਰਹਿੰਦਾ ਹੈ,
49974	1162	ਜਿਹ ਪਉੜੇ ਪ੍ਰਭ ਸ੍ਰੀ ਗੋਪਾਲ॥੨॥		Jih Pourrhae Prabh Sree Gopaal ||2||	Where the Supreme Lord God abides. ||2||	ਜਿਸ ਹਿਰਦੇ ਵਿਚ ਸ੍ਰੀ ਗੋਪਾਲ ਪ੍ਰਭੂ ਜੀ ਵੱਸਦੇ ਹਨ ॥੨॥
49975	1162	ਖੰਡਲ ਮੰਡਲ ਮੰਡਲ ਮੰਡਾ॥		Khanddal Manddal Manddal Manddaa ||	He creates planets, solar systems and galaxies;	ਜੋ ਪ੍ਰਭੂ ਸਾਰੇ ਖੰਡਾਂ ਦਾ, ਮੰਡਲਾਂ ਦਾ ਸਾਜਣ ਵਾਲਾ ਹੈ,

49976	1162	ਤ੍ਰਿਅ ਅਸਥਾਨ ਤੀਨਿ ਤ੍ਰਿਅ ਖੰਡਾ॥		Thria Asathhaan Theen Thria Khanddaa ||	He destroys the three worlds, the three gods and the three qualities.	ਜੋ (ਫਿਰ) ਤਿੰਨਾਂ ਭਵਨਾਂ ਦਾ, ਤਿੰਨਾਂ ਗੁਣਾਂ ਦਾ ਨਾਸ ਕਰਨ ਵਾਲਾ ਭੀ ਹੈ,
49977	1162	ਅਗਮ ਅਗੋਚਰੁ ਰਹਿਆ ਅਭ ਅੰਤ॥		Agam Agochar Rehiaa Abh Anth ||	The Inaccessible and Unfathomable Lord God dwells in the heart.	ਜਿਸ ਤਕ ਮਨੁੱਖੀ ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਉਹ ਪ੍ਰਭੂ ਉਸ ਮਨੁੱਖ ਦੇ ਹਿਰਦੇ ਵਿਚ ਵੱਸਦਾ ਹੈ (ਜਿਸ ਨੇ ਪਰਮਾਤਮਾ ਦੇ ਨਾਮ ਨਾਲ ਲਿਵ ਲਾਈ ਹੋਈ ਹੈ)।
49978	1162	ਪਾਰੁ ਨ ਪਾਵੈ ਕੋ ਧਰਨੀਧਰ ਮੰਤ॥੩॥		Paar N Paavai Ko Dhharaneedhhar Manth ||3||	No one can find the limits or the secrets of the Lord of the World. ||3||	ਪਰ, ਕੋਈ ਜੀਵ ਧਰਤੀ-ਦੇ-ਆਸਰੇ ਉਸ ਪ੍ਰਭੂ ਦੇ ਭੇਤ ਦਾ ਅੰਤ ਨਹੀ ਪਾ ਸਕਦਾ ॥੩॥
49979	1162	ਕਦਲੀ ਪੁਹਪ ਧੂਪ ਪਰਗਾਸ॥		Kadhalee Puhap Dhhoop Paragaas ||	The Lord shines forth in the plantain flower and the sunshine.	ਜਿਵੇਂ ਕੇਲੇ ਦੇ ਫੁੱਲਾਂ ਵਿਚ ਸੁਗੰਧੀ ਦਾ ਪ੍ਰਕਾਸ਼ ਹੁੰਦਾ ਹੈ,
49980	1162	ਰਜ ਪੰਕਜ ਮਹਿ ਲੀਓ ਨਿਵਾਸ॥	ਰਜ: ਪੋਲਾ ਬੋਲੋ	Raj Pankaj Mehi Leeou Nivaas ||	He dwells in the pollen of the lotus flower.	ਜਿਵੇਂ ਕੌਲ ਫੁੱਲ ਵਿਚ ਮਕਰੰਦ ਆ ਨਿਵਾਸ ਕਰਦਾ ਹੈ
49981	1162	ਦੁਆਦਸ ਦਲ ਅਭ ਅੰਤਰਿ ਮੰਤ॥		Dhuaadhas Dhal Abh Anthar Manth ||	The Lord's secret is within the twelve petals of the heart-lotus.	ਪੂਰਨ ਤੌਰ ਤੇ ਖਿੜੇ ਹੋਏ ਉਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਦਾ ਮੰਤਰ ਇਉਂ ਵੱਸ ਪੈਂਦਾ ਹੈ,
49982	1162	ਜਹ ਪਉੜੇ ਸ੍ਰੀ ਕਮਲਾ ਕੰਤ॥੪॥		Jeh Pourrae Sree Kamalaa Kanth ||4||	The Supreme Lord, the Lord of Lakshmi dwells there. ||4||	ਜਿਸ ਹਿਰਦੇ ਵਿਚ (ਸਿਮਰਨ ਦੀ ਬਰਕਤਿ ਨਾਲ) ਮਾਇਆ-ਦਾ-ਪਤੀ ਪ੍ਰਭੂ ਆ ਵੱਸਦਾ ਹੈ ॥੪॥

49983	1162	ਅਰਧ ਉਰਧ ਮੁਖਿ ਲਾਗੋ ਕਾਸੁ॥		Aradhh Ouradhh Mukh Laago Kaas ||	He is like the sky, stretching across the lower, upper and middle realms.	(ਜੋ ਮਨੁੱਖ ਪ੍ਰਭੂ ਦੇ ਨਾਮ ਵਿਚ ਲਿਵ ਲਾਂਦਾ ਹੈ) ਉਸ ਨੂੰ ਅਕਾਸ਼ ਪਤਾਲ ਹਰ ਥਾਂ ਪ੍ਰਭੂ ਦਾ ਹੀ ਪ੍ਰਕਾਸ਼ ਦਿੱਸਦਾ ਹੈ,
49984	1162	ਸੁੰਨ ਮੰਡਲ ਮਹਿ ਕਰਿ ਪਰਗਾਸੁ॥		Sunn Manddal Mehi Kar Paragaas ||	In the profoundly silent celestial realm, He radiates forth.	ਉਸ ਦੀ ਅਫੁਰ ਸਮਾਧੀ ਵਿਚ (ਭਾਵ, ਉਸ ਦੇ ਟਿਕੇ ਹੋਏ ਮਨ ਵਿਚ) ਪਰਮਾਤਮਾ ਆਪਣਾ ਚਾਨਣ ਕਰਦਾ ਹੈ,
49985	1162	ਊਹਾਂ ਸੂਰਜ ਨਾਹੀ ਚੰਦ॥		Oohaan Sooraj Naahee Chandh ||	Neither the sun nor the moon are there,	(ਇਤਨਾ ਚਾਨਣ ਕਿ) ਸੂਰਜ ਤੇ ਚੰਦ ਦਾ ਚਾਨਣ ਉਸ ਦੀ ਬਰਾਬਰੀ ਨਹੀਂ ਕਰ ਸਕਦਾ (ਉਹ ਚਾਨਣ ਸੂਰਜ ਚੰਦ ਦੇ ਚਾਨਣ ਵਰਗਾ ਨਹੀਂ ਹੈ)।
49986	1162	ਆਦਿ ਨਿਰੰਜਨੁ ਕਰੈ ਅਨੰਦ॥੫॥		Aadh Niranjan Karai Anandh ||5||	But the Primal Immaculate Lord celebrates there. ||5||	ਸਾਰੇ ਜਗਤ ਦਾ ਮੂਲ ਮਾਇਆ-ਰਹਿਤ ਪ੍ਰਭੂ ਉਸ ਦੇ ਹਿਰਦੇ ਵਿਚ ਉਮਾਹ ਪੈਦਾ ਕਰਦਾ ਹੈ ॥੫॥
49987	1162	ਸੋ ਬ੍ਰਹਮੰਡਿ ਪਿੰਡਿ ਸੋ ਜਾਨੁ॥		So Brehamandd Pindd So Jaan ||	Know that He is in the universe, and in the body as well.	ਉਹ ਮਨੁੱਖ (ਲਿਵ ਦੀ ਬਰਕਤਿ ਨਾਲ) ਸਾਰੇ ਜਗਤ ਵਿਚ ਉਸੇ ਪ੍ਰਭੂ ਨੂੰ ਪਛਾਣਦਾ ਹੈ ਜਿਸ ਨੂੰ ਆਪਣੇ ਸਰੀਰ ਵਿਚ (ਵੱਸਦਾ ਵੇਖਦਾ ਹੈ),
49988	1162	ਮਾਨ ਸਰੋਵਰਿ ਕਰਿ ਇਸਨਾਨੁ॥		Maan Sarovar Kar Eisanaan ||	Take your cleansing bath in the Mansarovar Lake.	ਉਹ (ਪ੍ਰਭੂ-ਨਾਮ ਰੂਪ) ਮਾਨ-ਸਰੋਵਰ ਵਿਚ ਇਸ਼ਨਾਨ ਕਰਦਾ ਹੈ

49989	1162	ਸੋ ਹੰ ਸੋ ਜਾ ਕਉ ਹੈ ਜਾਪ॥	ਸਤਿਗੁਰੂ ਜੀ (ਸੋ) ਵਾਹਿਗੁਰੂ ਸਰੂਪ (ਹੰ) ਹਨ। ਸੋ ਵਾਹਿਗੁਰੂ ਜਿਨ੍ਹਾਂ ਦਾ ਜਾਪ ਹੈ	Sohan So Jaa Ko Hai Jaap ||	Chant ""Sohang"" - ""He is me.""	ਜਿਸ ਮਨੁੱਖ ਦੇ ਹਿਰਦੇ ਵਿਚ ਸਦਾ ਇਹ ਲਗਨ ਹੈ ਕਿ ਉਹ ਪ੍ਰਭੂ ਤੇ ਮੈਂ ਇੱਕ ਹਾਂ (ਭਾਵ, ਮੇਰੇ ਅੰਦਰ ਪ੍ਰਭੂ ਦੀ ਜੋਤ ਵੱਸ ਰਹੀ ਹੈ)।
49990	1162	ਜਾ ਕਉ ਲਿਪਤ ਨ ਹੋਇ ਪੁੰਨ ਅਰੁ ਪਾਪ॥੬॥		Jaa Ko Lipath N Hoe Punn Ar Paap ||6||	He is not affected by either virtue or vice. ||6||	(ਇਸ ਲਗਨ ਦੀ ਬਰਕਤਿ ਨਾਲ) ਜਿਸ ਉੱਤੇ ਨਾਹ ਪੁੰਨ ਨਾਹ ਪਾਪ ਕੋਈ ਭੀ ਪ੍ਰਭਾਵ ਨਹੀਂ ਪਾ ਸਕਦਾ (ਭਾਵ, ਜਿਸ ਨੂੰ ਨਾ ਕੋਈ ਪਾਪ-ਵਿਕਾਰ ਖਿੱਚ ਪਾ ਸਕਦੇ ਹਨ, ਤੇ ਨਾਹ ਹੀ ਪੁੰਨ ਕਰਮਾਂ ਦੇ ਫਲ ਦੀ ਲਾਲਸਾ ਹੈ, ਉਸ ਦੀ ਲਿਵ ਪਰਮਾਤਮਾ ਨਾਲ ਜੁੜੀ ਜਾਏ) ॥੬॥
49991	1162	ਅਬਰਨ ਬਰਨ ਘਾਮ ਨਹੀ ਛਾਮ॥	ਅ-ਬਰਨ	Abaran Baran Ghaam Nehee Shhaam ||	He is not affected by either high or low social class, sunshine or shade.	ਉਸ ਮਨੁੱਖ ਦੇ ਅੰਦਰ ਕਿਸੇ ਉੱਚੀ ਨੀਵੀਂ ਜਾਤ ਦਾ ਵਿਤਕਰਾ ਨਹੀਂ ਰਹਿੰਦਾ, ਕੋਈ ਦੁੱਖ-ਸੁਖ ਉਸ ਨੂੰ ਨਹੀਂ ਵਿਆਪਦੇ।
49992	1162	ਅਵਰ ਨ ਪਾਈਐ ਗੁਰ ਕੀ ਸਾਮ॥	ਗੁਰਾਂ ਦੀ ਪਰਮ ਪਾਕ ਸਾਮ ਸ਼ਰਨ ਚ ਪਾਈਦੇ ਹਨ	Avar N Paaeeai Gur Kee Saam ||	He is in the Guru's Sanctuary, and nowhere else.	ਪਰ ਇਹ ਆਤਮਕ ਹਾਲਤ ਗੁਰੂ ਦੀ ਸ਼ਰਨ ਪਿਆਂ ਮਿਲਦੀ ਹੈ, ਕਿਸੇ ਹੋਰ ਥਾਂ ਤੋਂ ਨਹੀਂ ਮਿਲਦੀ
49993	1162	ਟਾਰੀ ਨ ਟਰੈ ਆਵੈ ਨ ਜਾਇ॥		Ttaaree N Ttarai Aavai N Jaae ||	He is not diverted by diversions, comings or goings.	ਇਹ ਅਵਸਥਾ ਕਿਸੇ ਦੀ ਹਟਾਈ ਹਟ ਨਹੀਂ ਸਕਦੀ, ਸਦਾ ਕਾਇਮ ਰਹਿੰਦੀ ਹੈ।

49994	1162	ਸੁੰਨ ਸਹਜ ਮਹਿ ਰਹਿਓ ਸਮਾਇ॥੭॥		Sunn Sehaj Mehi Rehiou Samaae ||7||	Remain intuitively absorbed in the celestial void. ||7||	('ਲਿਵ ਦਾ ਸਦਕਾ') ਉਹ ਮਨੁੱਖ ਸਦਾ ਅਫੁਰ ਅਵਸਥਾ ਵਿਚ ਟਿਕਿਆ ਰਹਿੰਦਾ ਹੈ, ਸਹਿਜ ਅਵਸਥਾ ਵਿਚ ਜੁੜਿਆ ਰਹਿੰਦਾ ਹੈ ॥੭॥
49995	1162	ਮਨ ਮਧੇ ਜਾਨੈ ਜੇ ਕੋਇ॥	ਮਧੇ: ਪੋਲਾ ਬੋਲੋ	Man Madhhae Jaanai Jae Koe ||	One who knows the Lord in the mind	ਜੋ ਮਨੁੱਖ ਪ੍ਰਭੂ ਨੂੰ ਆਪਣੇ ਮਨ ਵਿਚ ਵੱਸਦਾ ਪਛਾਣ ਲੈਂਦਾ ਹੈ,
49996	1162	ਜੋ ਬੋਲੈ ਸੋ ਆਪੈ ਹੋਇ॥		Jo Bolai So Aapai Hoe ||	Whatever he says, comes to pass.	ਜੋ ਮਨੁੱਖ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ, ਉਹ ਪ੍ਰਭੂ ਦਾ ਰੂਪ ਹੀ ਹੋ ਜਾਂਦਾ ਹੈ।
49997	1162	ਜੋਤਿ ਮੰਤ੍ਰਿ ਮਨਿ ਅਸਥਿਰੁ ਕਰੈ॥		Joth Manthr Man Asathhir Karai ||	One who firmly implants the Lord's Divine Light, and His Mantra within the mind	ਜੋ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੀ ਜੋਤ ਨੂੰ ਆਪਣੇ ਮਨ ਵਿਚ ਪੱਕਾ ਕਰ ਕੇ ਟਿਕਾ ਲੈਂਦਾ ਹੈ,
49998	1162	ਕਹਿ ਕਬੀਰ ਸੋ ਪ੍ਰਾਨੀ ਤਰੈ॥੮॥੧॥		Kehi Kabeer So Praanee Tharai ||8||1||	- says Kabeer, such a mortal crosses over to the other side. ||8||1||	ਕਬੀਰ ਆਖਦਾ ਹੈ ਕਿ ਉਹ ਸੰਸਾਰ-ਸਮੁੰਦਰ ਤੋਂ ਤਰ ਜਾਂਦਾ ਹੈ ॥੮॥੧॥
49999	1162	ਕੋਟਿ ਸੂਰ ਜਾ ਕੈ ਪਰਗਾਸ॥		Kott Soor Jaa Kai Paragaas ||	Millions of suns shine for Him,	(ਮੈਂ ਉਸ ਪ੍ਰਭੂ ਦੇ ਦਰ ਤੋਂ ਮੰਗਦਾ ਹਾਂ) ਜਿਸ ਦੇ ਦਰ ਤੇ ਕ੍ਰੋੜਾਂ ਸੂਰਜ ਚਾਨਣ ਕਰ ਰਹੇ ਹਨ,
50000	1162	ਕੋਟਿ ਮਹਾਦੇਵ ਅਰੁ ਕਬਿਲਾਸ॥	(ਕਬਿਲਾਸ) ਕੈਲਾਸ਼ ਪਰਬਤ	Kott Mehaadhaev Ar Kabilaas ||	Millions of Shivas and Kailash mountains.	ਜਿਸ ਦੇ ਦਰ ਤੇ ਕ੍ਰੋੜਾਂ ਸ਼ਿਵ ਜੀ ਤੇ ਕੈਲਾਸ਼ ਹਨ;

50001	1162	ਦੁਰਗਾ ਕੋਟਿ ਜਾ ਕੈ ਮਰਦਨੁ ਕਰੈ॥		Dhuragaa Kott Jaa Kai Maradhan Karai ||	Millions of Durga goddesses massage His Feet.	ਦੁਰਗਾ (ਵਰਗੀਆਂ) ਕ੍ਰੋੜਾਂਹੀ ਦੇਵੀਆਂ ਜਿਸ ਦੇ ਚਰਨਾਂ ਦੀ ਮਾਲਸ਼ ਕਰ ਰਹੀਆਂ ਹਨ,
50002	1162	ਬ੍ਰਹਮਾ ਕੋਟਿ ਬੇਦ ਉਚਰੈ॥੧॥	ਉੱਚਰੈ	Brehamaa Kott Baedh Oucharai ||1||	Millions of Brahmas chant the Vedas for Him. ||1||	ਅਤੇ ਕ੍ਰੋੜਾਂ ਹੀ ਬ੍ਰਹਮਾ ਜਿਸ ਦੇ ਦਰ ਤੇ ਵੇਦ ਉਚਾਰ ਰਹੇ ਹਨ ॥੧॥
50003	1162	ਜਉ ਜਾਚਉ ਤਉ ਕੇਵਲ ਰਾਮ॥		Jo Jaacho Tho Kaeval Raam ||	When I beg, I beg only from the Lord.	ਮੈਂ ਜਦੋਂ ਭੀ ਮੰਗਦਾ ਹਾਂ, ਸਿਰਫ਼ ਪ੍ਰਭੂ ਦੇ ਦਰ ਤੋਂ ਮੰਗਦਾ ਹਾਂ,
50004	1162	ਆਨ ਦੇਵ ਸਿਉ ਨਾਹੀ ਕਾਮ॥੧॥ਰਹਾਉ॥		Aan Dhaev Sio Naahee Kaam ||1|| Rehaao ||	I have nothing to do with any other deities. ||1||Pause||	ਮੈਨੂੰ ਕਿਸੇ ਹੋਰ ਦੇਵਤੇ ਨਾਲ ਕੋਈ ਗ਼ਰਜ਼ ਨਹੀਂ ਹੈ ॥੧॥ ਰਹਾਉ ॥
50005	1162	ਕੋਟਿ ਚੰਦ੍ਰਮੇ ਕਰਹਿ ਚਰਾਕ॥		Kott Chandhramae Karehi Charaak ||	Millions of moons twinkle in the sky.	(ਮੈਂ ਉਸ ਪ੍ਰਭੂ ਦਾ ਜਾਚਕ ਹਾਂ) ਜਿਸ ਦੇ ਦਰ ਤੇ ਕ੍ਰੋੜਾਂ ਚੰਦ੍ਰਮਾ ਰੌਸ਼ਨੀ ਕਰਦੇ ਹਨ,
50006	1163	ਸੁਰ ਤੇਤੀਸਉ ਜੇਵਹਿ ਪਾਕ॥	ਰਾਮ ਜੀ ਦੀ ਪਾਕ ਰਸੋਈ। (ਤੇਤੀਸਉ) ਤੇਤੀਕ੍ਰੋੜ। (ਸੁਰ) ਦੇਵਤੇ। (ਜੇਵਹਿ) ਛਕਦੇ। (ਦੂਜਾ ਪਾਠ: ਤੇਤੀਸ ਉਜੇਵਹਿ)	Sur Thaetheeso Jaevehi Paak ||	Three hundred thirty million gods eat the Lord's offerings.	ਜਿਸ ਦੇ ਦਰ ਤੋਂ ਤੇਤੀ ਕ੍ਰੋੜ ਦੇਵਤੇ ਭੋਜਨ ਛਕਦੇ ਹਨ,
50007	1163	ਨਵ ਗ੍ਰਹ ਕੋਟਿ ਠਾਢੇ ਦਰਬਾਰ॥		Nav Greh Kott Thaadtae Dharabaar ||	The nine stars, a million times over, stand at His Door.	ਕ੍ਰੋੜਾਂ ਹੀ ਨੌ ਗ੍ਰਹਿ ਜਿਸ ਦੇ ਦਰਬਾਰ ਵਿਚ ਖਲੋਤੇ ਹੋਏ ਹਨ,

50008	1163	ਧਰਮ ਕੋਟਿ ਜਾ ਕੈ ਪ੍ਰਤਿਹਾਰ॥੨॥	(ਪ੍ਰਤਿਹਾਰ) ਚੋਬਦਾਰ, ਦਰਵਾਨਚੀ	Dhharam Kott Jaa Kai Prathihaar ||2||	Millions of Righteous Judges of Dharma are His gate-keepers. ||2||	ਅਤੇ ਕ੍ਰੋੜਾਂ ਹੀ ਧਰਮ-ਰਾਜ ਜਿਸ ਦੇ ਦਰਬਾਨ ਹਨ ॥੨॥
50009	1163	ਪਵਨ ਕੋਟਿ ਚਉਬਾਰੇ ਫਿਰਹਿ॥		Pavan Kott Choubaarae Firehi ||	Millions of winds blow around Him in the four directions.	(ਮੈਂ ਕੇਵਲ ਉਸ ਪ੍ਰਭੂ ਦੇ ਦਰ ਦਾ ਮੰਗਤਾ ਹਾਂ) ਜਿਸ ਦੇ ਚੁਬਾਰੇ ਉੱਤੇ ਕ੍ਰੋੜਾਂ ਹਵਾਵਾਂ ਚੱਲਦੀਆਂ ਹਨ,
50010	1163	ਬਾਸਕ ਕੋਟਿ ਸੇਜ ਬਿਸਥਰਹਿ॥	ਬਿਸਥਰ-ਹਿ	Baasak Kott Saej Bisathharehi ||	Millions of serpents prepare His bed.	ਕ੍ਰੋੜਾਂ ਸ਼ੇਸ਼ਨਾਗ ਜਿਸ ਦੀ ਸੇਜ ਵਿਛਾਉਂਦੇ ਹਨ,
50011	1163	ਸਮੁੰਦ ਕੋਟਿ ਜਾ ਕੇ ਪਾਨੀਹਾਰ॥		Samundh Kott Jaa Kae Paaneehaar ||	Millions of oceans are His water-carriers.	ਕ੍ਰੋੜਾਂ ਸਮੁੰਦਰ ਜਿਸ ਦੇ ਪਾਣੀ ਭਰਨ ਵਾਲੇ ਹਨ,
50012	1163	ਰੋਮਾਵਲਿ ਕੋਟਿ ਅਠਾਰਹ ਭਾਰ॥੩॥		Romaaval Kott Athaareh Bhaar ||3||	The eighteen million loads of vegetation are His Hair. ||3||	ਅਤੇ ਬਨਸਪਤੀ ਦੇ ਕ੍ਰੋੜਾਂ ਹੀ ਅਠਾਰਾਂ ਭਾਰ ਜਿਸ ਦੇ ਜਿਸਮ ਦੇ, ਮਾਨੋ, ਰੋਮ ਹਨ ॥੩॥
50013	1163	ਕੋਟਿ ਕਮੇਰ ਭਰਹਿ ਭੰਡਾਰ॥		Kott Kamaer Bharehi Bhanddaar ||	Millions of treasurers fill His Treasury.	(ਮੈਂ ਉਸ ਪ੍ਰਭੂ ਤੋਂ ਹੀ ਮੰਗਦਾ ਹਾਂ) ਜਿਸ ਦੇ ਖ਼ਜ਼ਾਨੇ ਕ੍ਰੋੜਾਂ ਹੀ ਕੁਬੇਰ ਦੇਵਤੇ ਭਰਦੇ ਹਨ,
50014	1163	ਕੋਟਿਕ ਲਖਮੀ ਕਰੈ ਸੀਗਾਰ॥		Kottik Lakhamee Karai Seegaar ||	Millions of Lakshmis adorn themselves for Him.	ਜਿਸ ਦੇ ਦਰ ਤੇ ਕ੍ਰੋੜਾਂ ਹੀ ਲਛਮੀਆਂ ਸ਼ਿੰਗਾਰ ਕਰ ਰਹੀਆਂ ਹਨ,
50015	1163	ਕੋਟਿਕ ਪਾਪ ਪੁੰਨ ਬਹੁ ਹਿਰਹਿ॥	ਹਿਰ-ਹਿ	Kottik Paap Punn Bahu Hirehi ||	Many millions of vices and virtues look up to Him.	ਕ੍ਰੋੜਾਂ ਹੀ ਪਾਪ ਤੇ ਪੁੰਨ ਜਿਸ ਵਲ ਤੱਕ ਰਹੇ ਹਨ (ਕਿ ਸਾਨੂੰ ਆਗਿਆ ਕਰੇ)

50016	1163	ਇੰਦ੍ਰ ਕੋਟਿ ਜਾ ਕੇ ਸੇਵਾ ਕਰਹਿ॥੪॥		Eindhr Kott Jaa Kae Saevaa Karehi ||4||	Millions of Indras serve Him. ||4||	ਅਤੇ ਕ੍ਰੋੜਾਂ ਹੀ ਇੰਦਰ ਦੇਵਤੇ ਜਿਸ ਦੇ ਦਰ ਤੇ ਸੇਵਾ ਕਰ ਰਹੇ ਹਨ ॥੪॥
50017	1163	ਛਪਨ ਕੋਟਿ ਜਾ ਕੈ ਪ੍ਰਤਿਹਾਰ॥		Shhapan Kott Jaa Kai Prathihaar ||	Fifty-six million clouds are His.	(ਮੈਂ ਕੇਵਲ ਉਸ ਗੋਪਾਲ ਦਾ ਜਾਚਕ ਹਾਂ) ਜਿਸ ਦੇ ਦਰ ਤੇ ਛਵੰਜਾ ਕਰੋੜ ਬੱਦਲ ਦਰਬਾਨ ਹਨ,
50018	1163	ਨਗਰੀ ਨਗਰੀ ਖਿਅਤ ਅਪਾਰ॥		Nagaree Nagaree Khiath Apaar ||	In each and every village, His infinite fame has spread.	ਤੇ ਜੋ ਥਾਂ ਥਾਂ ਤੇ ਚਮਕ ਰਹੇ ਹਨ;
50019	1163	ਲਟ ਛੂਟੀ ਵਰਤੈ ਬਿਕਰਾਲ॥		Latt Shhoottee Varathai Bikaraal ||	Wild demons with dishevelled hair move about.	ਕ੍ਰੋੜਾਂ ਹੀ ਕਾਲਕਾ ਕੇਸ ਖੋਲ੍ਹ ਕੇ ਡਰਾਉਣਾ ਰੂਪ ਧਾਰ ਕੇ ਜਿਸ ਦੇ ਦਰ ਤੇ ਮੌਜੂਦ ਹਨ,
50020	1163	ਕੋਟਿ ਕਲਾ ਖੇਲੈ ਗੋਪਾਲ॥੫॥	ਖ੍ਹੇਲੈ	Kott Kalaa Khaelai Gopaal ||5||	The Lord plays in countless ways. ||5||	ਤੇ ਜਿਸ ਗੋਪਾਲ ਦੇ ਦਰ ਤੇ ਕ੍ਰੋੜਾਂ ਸ਼ਕਤੀਆਂ ਖੇਡਾਂ ਕਰ ਰਹੀਆਂ ਹਨ ॥੫॥
50021	1163	ਕੋਟਿ ਜਗ ਜਾ ਕੈ ਦਰਬਾਰ॥		Kott Jag Jaa Kai Dharabaar ||	Millions of charitable feasts are held in His Court,	(ਮੈਂ ਉਸ ਪ੍ਰਭੂ ਤੋਂ ਹੀ ਮੰਗਦਾ ਹਾਂ) ਜਿਸ ਦੇ ਦਰਬਾਰ ਵਿਚ ਕ੍ਰੋੜਾਂ ਜੱਗ ਹੋ ਰਹੇ ਹਨ,
50022	1163	ਗੰਧ੍ਰਬ ਕੋਟਿ ਕਰਹਿ ਜੈਕਾਰ॥		Gandhhrab Kott Karehi Jaikaar ||	And millions of celestial singers celebrate His victory.	ਤੇ ਕ੍ਰੋੜਾਂ ਗੰਧਰਬ ਜੈ-ਜੈਕਾਰ ਗਾ ਰਹੇ ਹਨ,
50023	1163	ਬਿਦਿਆ ਕੋਟਿ ਸਭੈ ਗੁਨ ਕਹੈ॥		Bidhiaa Kott Sabhai Gun Kehai ||	Millions of sciences all sing His Praises.	ਕ੍ਰੋੜਾਂ ਹੀ ਵਿੱਦਿਆ ਜਿਸ ਦੇ ਬੇਅੰਤ ਗੁਣ ਬਿਆਨ ਕਰ ਰਹੀਆਂ ਹਨ,
50024	1163	ਤਊ ਪਾਰਬ੍ਰਹਮ ਕਾ ਅੰਤੁ ਨ ਲਹੈ॥੬॥		Thoo Paarabreham Kaa Anth N Lehai ||6||	Even so, the limits of the Supreme Lord God cannot be found. ||6||	ਪਰ ਫਿਰ ਭੀ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪਾ ਸਕਦੀਆਂ ॥੬॥

50025	1163	ਬਾਵਨ ਕੋਟਿ ਜਾ ਕੈ ਰੋਮਾਵਲੀ॥		Baavan Kott Jaa Kai Romaavalee ||	Rama, with millions of monkeys,	(ਮੈਂ ਉਸ ਪ੍ਰਭੂ ਦਾ ਜਾਚਕ ਹਾਂ) ਕ੍ਰੋੜਾਂ ਹੀ ਵਾਮਨ ਅਵਤਾਰ ਜਿਸ ਦੇ ਸਰੀਰ ਦੇ, ਮਾਨੋ, ਰੋਮ ਹਨ,
50026	1163	ਰਾਵਨ ਸੈਨਾ ਜਹ ਤੇ ਛਲੀ॥		Raavan Sainaa Jeh Thae Shhalee ||	Conquered Raawan's army.	ਜਿਸ ਦੇ ਦਰ ਤੇ ਕ੍ਰੋੜਾਂ ਹੀ ਉਹ (ਸ੍ਰੀ ਰਾਮ ਚੰਦਰ ਜੀ) ਹਨ ਜਿਸ ਤੋਂ ਰਾਵਣ ਦੀ ਸੈਨਾ ਹਾਰੀ ਸੀ;
50027	1163	ਸਹਸ ਕੋਟਿ ਬਹੁ ਕਹਤ ਪੁਰਾਨ॥		Sehas Kott Bahu Kehath Puraan ||	Billions of Puraanas greatly praise Him;	ਜਿਸ ਦੇ ਦਰ ਤੇ ਕ੍ਰੋੜਾਂ ਹੀ ਉਹ (ਕ੍ਰਿਸ਼ਨ ਜੀ) ਹਨ ਜਿਸ ਨੂੰ ਭਾਗਵਤ ਪੁਰਾਣ ਬਿਆਨ ਕਰ ਰਿਹਾ ਹੈ,
50028	1163	ਦੁਰਜੋਧਨ ਕਾ ਮਥਿਆ ਮਾਨੁ॥੭॥		Dhurajodhhan Kaa Mathhiaa Maan ||7||	He humbled the pride of Duyodhan. ||7||	ਤੇ ਜਿਸ ਨੇ ਦੁਰਜੋਧਨ ਦਾ ਅਹੰਕਾਰ ਤੋੜਿਆ ਸੀ ॥੭॥
50029	1163	ਕੰਦ੍ਰਪ ਕੋਟਿ ਜਾ ਕੈ ਲਵੈ ਨ ਧਰਹਿ॥		Kandhrap Kott Jaa Kai Lavai N Dhharehi ||	Millions of gods of love cannot compete with Him.	(ਮੈਂ ਉਸ ਤੋਂ ਮੰਗਦਾ ਹਾਂ) ਜਿਸ ਦੀ ਸੁੰਦਰਤਾ ਦੀ ਬਰਾਬਰੀ ਉਹ ਕ੍ਰੋੜਾਂ ਕਾਮਦੇਵ ਭੀ ਨਹੀਂ ਕਰ ਸਕਦੇ,
50030	1163	ਅੰਤਰ ਅੰਤਰਿ ਮਨਸਾ ਹਰਹਿ॥		Anthar Anthar Manasaa Harehi ||	He steals the hearts of mortal beings.	ਜੋ ਨਿੱਤ ਜੀਵਾਂ ਦੇ ਹਿਰਦਿਆਂ ਦੀ ਅੰਦਰਲੀ ਵਾਸ਼ਨਾ ਚੁਰਾਉਂਦੇ ਰਹਿੰਦੇ ਹਨ।
50031	1163	ਕਹਿ ਕਬੀਰ ਸੁਨਿ ਸਾਰਿਗਪਾਨ॥		Kehi Kabeer Sun Saarigapaan ||	Says Kabeer, please hear me, O Lord of the World.	ਕਬੀਰ ਆਖਦਾ ਹੈ, ਹੇ ਧਨਖਧਾਰੀ ਪ੍ਰਭੂ! (ਮੇਰ ਬੇਨਤੀ) ਸੁਣ,

50032	1163	ਦੇਹਿ ਅਭੈ ਪਦੁ ਮਾਂਗਉ ਦਾਨ॥੮॥੨॥੧੮॥ ੨੦॥		Dhaehi Abhai Padh Maango Dhaan ||8||2||18||20||	I beg for the blessing of fearless dignity. ||8||2||18||20||	ਮੈਨੂੰ ਉਹ ਆਤਮਕ ਅਵਸਥਾ ਬਖ਼ਸ਼ ਜਿੱਥੇ ਮੈਨੂੰ ਕੋਈ ਕਿਸੇ (ਦੇਵੀ ਦੇਵਤੇ) ਦਾ ਡਰ ਨਾਹ ਰਹੇ, (ਬੱਸ) ਮੈਂ ਇਹੀ ਦਾਨ ਮੰਗਦਾ ਹੈ ॥੮॥੨॥੧੮॥੨੦॥
50033	1163	ਭੈਰਉ ਬਾਣੀ ਨਾਮਦੇਉ ਜੀਉ ਕੀ ਘਰੁ ੧		Bhairo Baanee Naamadhaeo Jeeo Kee Ghar 1	Bhairao, The Word Of Naam Dayv Jee, First House:	ਰਾਗ ਭੈਰਉ, ਘਰ ੧ ਵਿੱਚ ਭਗਤ ਨਾਮਦੇਵ ਜੀ ਦੀ ਬਾਣੀ।
50034	1163	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
50035	1163	ਰੇ ਜਿਹਬਾ ਕਰਉ ਸਤ ਖੰਡ॥		Rae Jihabaa Karo Sath Khandd ||	O my tongue, I will cut you into a hundred pieces,	ਹੇ ਭਾਈ! ਮੈਂ ਇਸ (ਜੀਭ) ਦੇ ਸੌ ਟੋਟੇ ਕਰ ਦਿਆਂ,
50036	1163	ਜਾਮਿ ਨ ਉਚਰਸਿ ਸ੍ਰੀ ਗੋਬਿੰਦ॥੧॥	ਉੱਚਰਸਿ	Jaam N Oucharas Sree Gobindh ||1||	If you do not chant the Name of the Lord. ||1||	ਜੇ ਹੁਣ ਕਦੇ ਮੇਰੀ ਜੀਭ ਪ੍ਰਭੂ ਦਾ ਨਾਮ ਨਾ ਜਪੇ। (ਭਾਵ, ਮੇਰੀ ਜੀਭ ਇਸ ਤਰ੍ਹਾਂ ਨਾਮ ਦੇ ਰੰਗ ਵਿਚ ਰੰਗੀ ਗਈ ਹੈ ਕਿ ਮੈਨੂੰ ਹੁਣ ਯਕੀਨ ਹੈ ਇਹ ਕਦੇ ਨਾਮ ਨੂੰ ਨਹੀਂ ਵਿਸਾਰੇਗੀ) ॥੧॥
50037	1163	ਰੰਗੀ ਲੇ ਜਿਹਬਾ ਹਰਿ ਕੈ ਨਾਇ॥	(ਰੰਗੀ) ਰੰਗ ਲੇਲਈ ਹੈ	Rangee Lae Jihabaa Har Kai Naae ||	O my tongue, be imbued with the Lord's Name.	ਮੈਂ ਆਪਣੀ ਜੀਭ ਨੂੰ ਪਰਮਾਤਮਾ ਦੇ ਨਾਮ ਵਿਚ ਰੰਗ ਲਿਆ ਹੈ,

50038	1163	ਸੁਰੰਗ ਰੰਗੀਲੇ ਹਰਿ ਹਰਿ ਧਿਆਇ॥੧॥ਰਹਾਉ ॥	(ਸੁਰੰਗ) ਸ੍ਰੇਸ਼ਟ ਰੰਗ ਸਹਿਤ। (ਰੰਗੀਲੇ) ਅਨੰਦੀ ਹੋ ਗਏ	Surang Rangeelae Har Har Dhhiaae ||1|| Rehaao ||	Meditate on the Name of the Lord, Har, Har, and imbue yourself with this most excellent color. ||1||Pause||	ਪ੍ਰਭੂ ਦਾ ਨਾਮ ਸਿਮਰ ਸਿਮਰ ਕੇ ਮੈਂ ਇਸ ਨੂੰ ਸੋਹਣੇ ਰੰਗ ਵਿਚ ਰੰਗ ਲਿਆ ਹੈ ॥੧॥ ਰਹਾਉ ॥
50039	1163	ਮਿਥਿਆ ਜਿਹਬਾ ਅਵਰੇਂ ਕਾਮ॥		Mithhiaa Jihabaa Avaraen Kaam ||	O my tongue, other occupations are false.	ਹੋਰ ਹੋਰ ਆਹਰਾਂ ਵਿਚ ਲੱਗੀ ਹੋਈ ਜੀਭ ਵਿਅਰਥ ਹੈ,
50040	1163	ਨਿਰਬਾਣ ਪਦੁ ਇਕੁ ਹਰਿ ਕੋ ਨਾਮੁ॥੨॥	ਪਦੁ: ਪੋਲਾ ਬੋਲੋ	Nirabaan Padh Eik Har Ko Naam ||2||	The state of Nirvaanaa comes only through the Lord's Name. ||2||	(ਕਿਉਂਕਿ) ਪਰਮਾਤਮਾ ਦਾ ਨਾਮ ਹੀ ਵਾਸ਼ਨਾ-ਰਹਿਤ ਅਵਸਥਾ ਪੈਦਾ ਕਰਦਾ ਹੈ (ਹੋਰ ਹੋਰ ਆਹਰ ਸਗੋਂ ਵਾਸ਼ਨਾ ਪੈਦਾ ਕਰਦੇ ਹਨ) ॥੨॥
50041	1163	ਅਸੰਖ ਕੋਟਿ ਅਨ ਪੂਜਾ ਕਰੀ॥		Asankh Kott An Poojaa Karee ||	The performance of countless millions of other devotions	ਜੇ ਮੈਂ ਕ੍ਰੋੜਾਂ ਅਸੰਖਾਂ ਹੋਰ ਹੋਰ (ਦੇਵਤਿਆਂ ਦੀ) ਪੂਜਾ ਕਰਾਂ,
50042	1163	ਏਕ ਨ ਪੂਜਸਿ ਨਾਮੈ ਹਰੀ॥੩॥		Eaek N Poojas Naamai Haree ||3||	Is not equal to even one devotion to the Name of the Lord. ||3||	ਤਾਂ ਭੀ ਉਹ (ਸਾਰੀਆਂ ਮਿਲ ਕੇ) ਪਰਮਾਤਮਾ ਦੇ ਨਾਮ ਦੀ ਬਰਾਬਰੀ ਨਹੀਂ ਕਰ ਸਕਦੀਆਂ ॥੩॥
50043	1163	ਪ੍ਰਣਵੈ ਨਾਮਦੇਉ ਇਹੁ ਕਰਣਾ॥		Pranavai Naamadhaeo Eihu Karanaa ||	Prays Naam Dayv, this is my occupation.	ਨਾਮਦੇਵ ਬੇਨਤੀ ਕਰਦਾ ਹੈ- (ਮੇਰੀ ਜੀਭ ਲਈ) ਇਹੀ ਕੰਮ ਕਰਨ-ਜੋਗ ਹੈ,
50044	1163	ਅਨੰਤ ਰੂਪ ਤੇਰੇ ਨਾਰਾਇਣਾ॥੪॥੧॥		Ananth Roop Thaerae Naaraaeinaa ||4||1||	O Lord, Your Forms are endless. ||4||1||	(ਕਿ ਪ੍ਰਭੂ ਦੇ ਗੁਣ ਗਾਏ ਤੇ ਆਖੇ-) 'ਹੇ ਨਾਰਾਇਣ! ਤੇਰੇ ਬੇਅੰਤ ਰੂਪ ਹਨ' ॥੪॥੧॥

50045	1163	ਪਰ ਧਨ ਪਰ ਦਾਰਾ ਪਰਹਰੀ॥	(ਪਰਹਰੀ) ਤਿਆਗੀ	Par Dhhan Par Dhaaraa Pareharee ||	One who stays away from others' wealth and others' spouses	(ਨਾਰਾਇਣ ਦਾ ਭਜਨ ਕਰ ਕੇ) ਜਿਸ ਮਨੁੱਖ ਨੇ ਪਰਾਏ ਧਨ ਤੇ ਪਰਾਈ ਇਸਤ੍ਰੀ ਦਾ ਤਿਆਗ ਕੀਤਾ ਹੈ,
50046	1163	ਤਾ ਕੈ ਨਿਕਟਿ ਬਸੈ ਨਰਹਰੀ॥੧॥		Thaa Kai Nikatt Basai Nareharee ||1||	- the Lord abides near that person. ||1||	ਪਰਮਾਤਮਾ ਉਸ ਦੇ ਅੰਗ-ਸੰਗ ਵੱਸਦਾ ਹੈ ॥੧॥
50047	1163	ਜੋ ਨ ਭਜੰਤੇ ਨਾਰਾਇਣਾ॥		Jo N Bhajanthae Naaraaeinaa ||	Those who do not meditate and vibrate on the Lord	ਜੋ ਮਨੁੱਖ ਪਰਮਾਤਮਾ ਦਾ ਭਜਨ ਨਹੀਂ ਕਰਦੇ,
50048	1163	ਤਿਨ ਕਾ ਮੈ ਨ ਕਰਉ ਦਰਸਨਾ॥੧॥ਰਹਾਉ ॥		Thin Kaa Mai N Karo Dharasanaa ||1|| Rehaao ||	- I do not even want to see them. ||1||Pause||	ਮੈਂ ਉਹਨਾਂ ਦਾ ਦਰਸ਼ਨ ਨਹੀਂ ਕਰਦਾ (ਭਾਵ, ਮੈਂ ਉਹਨਾਂ ਦੀ ਬੈਠਕ ਨਹੀਂ ਬੈਠਦਾ, ਮੈਂ ਉਹਨਾਂ ਨਾਲ ਬਹਿਣ-ਖਲੋਣ ਨਹੀਂ ਰੱਖਦਾ) ॥੧॥ ਰਹਾਉ ॥
50049	1163	ਜਿਨ ਕੈ ਭੀਤਰਿ ਹੈ ਅੰਤਰਾ॥		Jin Kai Bheethar Hai Antharaa ||	Those whose inner beings are not in harmony with the Lord,	(ਪਰ) ਜਿਨ੍ਹਾਂ ਮਨੁੱਖਾਂ ਦੇ ਅੰਦਰ ਪਰਮਾਤਮਾ ਨਾਲੋਂ ਵਿੱਥ ਹੈ,
50050	1163	ਜੈਸੇ ਪਸੁ ਤੈਸੇ ਓਇ ਨਰਾ॥੨॥	ਪਸ:ਪੋਲਾ ਬੋਲੋ	Jaisae Pas Thaisae Oue Naraa ||2||	Are nothing more than beasts. ||2||	ਉਹ ਮਨੁੱਖ ਪਸ਼ੂਆਂ ਵਰਗੇ ਹੀ ਹਨ ॥੨॥
50051	1163	ਪ੍ਰਣਵਤਿ ਨਾਮਦੇਉ ਨਾਕਹਿ ਬਿਨਾ॥		Pranavath Naamadhaeo Naakehi Binaa ||	Prays Naam Dayv, a man without a nose	ਨਾਮਦੇਵ ਬੇਨਤੀ ਕਰਦਾ ਹੈ- ਨੱਕ ਤੋਂ ਬਿਨਾ-

50052	1163	ਨਾ ਸੋਹੈ ਬਤੀਸ ਲਖਨਾ॥੩॥੨॥	ਬੱਤੀਸ, ਲੱਖਨਾ	Naa Sohai Bathees Lakhanaa ||3||2||	Does not look handsome, even if he has the thirty-two beauty marks. ||3||2||	ਮਨੁੱਖ ਵਿਚ ਸੁੰਦਰਤਾ ਦੇ ਭਾਵੇਂ ਬੱਤੀ ਦੇ ਬੱਤੀ ਹੀ ਲੱਛਣ ਹੋਣ, ਪਰ ਜੇ ਉਸ ਦਾ ਨੱਕ ਨਾਹ ਹੋਵੇ ਤਾਂ ਉਹ ਸੁਹਣਾ ਨਹੀਂ ਲੱਗਦਾ (ਤਿਵੇਂ, ਹੋਰ ਸਾਰੇ ਗੁਣ ਹੋਣ, ਧਨ ਆਦਿਕ ਭੀ ਹੋਵੇ, ਜੇ ਨਾਮ ਨਹੀਂ ਸਿਮਰਦਾ ਤਾਂ ਕਿਸੇ ਕੰਮ ਦਾ ਨਹੀਂ) ॥੩॥੨॥
50053	1163	ਦੂਧੁ ਕਟੋਰੈ ਗਡਵੈ ਪਾਨੀ॥		Dhoodhh Kattorai Gaddavai Paanee ||	Naam Dayv milked the brown cow,	(ਹੇ ਗੋਬਿੰਦ ਰਾਇ! ਤੇਰੇ ਸੇਵਕ ਨਾਮੇ ਨੇ) ਗੜਵੇ ਵਿਚ ਪਾਣੀ ਪਾਇਆ ਹੈ ਤੇ ਕਟੋਰੇ ਵਿਚ ਦੁੱਧ ਪਾਇਆ ਹੈ
50054	1163	ਕਪਲ ਗਾਇ ਨਾਮੈ ਦੁਹਿ ਆਨੀ॥੧॥		Kapal Gaae Naamai Dhuhi Aanee ||1||	And brought a cup of milk and a jug of water to his family god. ||1||	ਨਾਮੇ ਨੇ ਗੋਰੀ ਗਾਂ ਚੋ ਕੇ ਲਿਆਂਦੀ ਹੈ ॥੧॥
50055	1163	ਦੂਧੁ ਪੀਉ ਗੋਬਿੰਦੇ ਰਾਇ॥		Dhoodhh Peeo Gobindhae Raae ||	"Please drink this milk, O my Sovereign Lord God.	
50056	1163	ਦੂਧੁ ਪੀਉ ਮੇਰੋ ਮਨੁ ਪਤੀਆਇ॥		Dhoodhh Peeo Maero Man Patheeaae ||	Drink this milk and my mind will be happy.	
50057	1163	ਨਾਹੀ ਤ ਘਰ ਕੋ ਬਾਪੁ ਰਿਸਾਇ॥੧॥ਰਹਾਉ॥		Naahee Th Ghar Ko Baap Risaae ||1|| Rehaao ||	Otherwise, my father will be angry with me.""||1||Pause||	

50058	1163	ਸੋਇਨ ਕਟੋਰੀ ਅੰਮ੍ਰਿਤ ਭਰੀ॥		Suoein Kattoree Anmrith Bharee ||	Taking the golden cup, Naam Dayv filled it with the ambrosial milk,	
50059	1163	ਲੈ ਨਾਮੈ ਹਰਿ ਆਗੈ ਧਰੀ॥੨॥		Lai Naamai Har Aagai Dhharee ||2||	And placed it before the Lord. ||2||	
50060	1163	ਏਕੁ ਭਗਤੁ ਮੇਰੇ ਹਿਰਦੇ ਬਸੈ॥		Eaek Bhagath Maerae Hiradhae Basai ||	The Lord looked upon Naam Dayv and smiled.	
50061	1163	ਨਾਮੇ ਦੇਖਿ ਨਰਾਇਨੁ ਹਸੈ॥੩॥	ਹੱਸੈ	Naamae Dhaekh Naraaein Hasai ||3||	This one devotee abides within my heart.""||3||	
50062	1163	ਦੂਧੁ ਪੀਆਇ ਭਗਤੁ ਘਰਿ ਗਇਆ॥		Dhoodhh Peeaae Bhagath Ghar Gaeiaa ||	The Lord drank the milk, and the devotee returned home.	
50063	1164	ਨਾਮੇ ਹਰਿ ਕਾ ਦਰਸਨੁ ਭਇਆ॥੪॥੩॥		Naamae Har Kaa Dharasan Bhaeiaa ||4||3||	Thus did Naam Dayv come to receive the Blessed Vision of the Lord's Darshan. ||4||3||	
50064	1164	ਮੈ ਬਉਰੀ ਮੇਰਾ ਰਾਮੁ ਭਤਾਰੁ॥		Mai Bouree Maeraa Raam Bhathaar ||	I am crazy - the Lord is my Husband.	

50065	1164	ਰਚਿ ਰਚਿ ਤਾ ਕਉ ਕਰਉ ਸਿੰਗਾਰੁ॥੧॥		Rach Rach Thaa Ko Karo Singaar ||1||	I decorate and adorn myself for Him. ||1||	
50066	1164	ਭਲੇ ਨਿੰਦਉ ਭਲੇ ਨਿੰਦਉ ਭਲੇ ਨਿੰਦਉ ਲੋਗੁ॥		Bhalae Nindho Bhalae Nindho Bhalae Nindho Log ||	Slander me well, slander me well, slander me well, O people.	
50067	1164	ਤਨੁ ਮਨੁ ਰਾਮ ਪਿਆਰੇ ਜੋਗੁ॥੧॥ਰਹਾਉ॥		Than Man Raam Piaarae Jog ||1|| Rehaao ||	My body and mind are united with my Beloved Lord. ||1||Pause||	
50068	1164	ਬਾਦੁ ਬਿਬਾਦੁ ਕਾਹੂ ਸਿਉ ਨ ਕੀਜੈ॥		Baadh Bibaadh Kaahoo Sio N Keejai ||	Do not engage in any arguments or debates with anyone.	
50069	1164	ਰਸਨਾ ਰਾਮ ਰਸਾਇਨੁ ਪੀਜੈ॥੨॥		Rasanaa Raam Rasaaein Peejai ||2||	With your tongue, savor the Lord's sublime essence. ||2||	
50070	1164	ਅਬ ਜੀਅ ਜਾਨਿ ਐਸੀ ਬਨਿ ਆਈ॥		Ab Jeea Jaan Aisee Ban Aaee ||	Now, I know within my soul, that such an arrangement has been made;	

50071	1164	ਮਿਲਉ ਗੁਪਾਲ ਨੀਸਾਨੁ ਬਜਾਈ॥੩॥		Milo Gupaal Neesaan Bajaaee ||3||	I will meet with my Lord by the beat of the drum. ||3||	
50072	1164	ਉਸਤਤਿ ਨਿੰਦਾ ਕਰੈ ਨਰੁ ਕੋਈ॥		Ousathath Nindhaa Karai Nar Koee ||	Anyone can praise or slander me.	
50073	1164	ਨਾਮੇ ਸ੍ਰੀਰੰਗੁ ਭੇਟਲ ਸੋਈ॥੪॥੪॥	(ਸ੍ਰੀ) ਸੋਭਾ ਵਾਲੇ, ਸ਼ਰੋਮਣੀ। (ਰੰਗੁ) ਅਨੰਦ ਸਰੂਪ (ਸ੍ਰੀਰੰਗ) ਵਾਹਿਗੁਰੂ	Naamae Sreerang Bhaettal Soee ||4||4||	Naam Dayv has met the Lord. ||4||4||	
50074	1164	ਕਬਹੂ ਖੀਰਿ ਖਾਡ ਘੀਉ ਨ ਭਾਵੈ॥		Kabehoo Kheer Khaadd Gheeo N Bhaavai ||	Sometimes, people do not appreciate milk, sugar and ghee.	
50075	1164	ਕਬਹੂ ਘਰ ਘਰ ਟੂਕ ਮਗਾਵੈ॥		Kabehoo Ghar Ghar Ttook Magaavai ||	Sometimes, they have to beg for bread from door to door.	
50076	1164	ਕਬਹੂ ਕੂਰਨੁ ਚਨੇ ਬਿਨਾਵੈ॥੧॥	(ਚਨੇ) ਦੇ ਕੂਰਨੁ ਟੁਕੜੇ। (ਬਿਨਾਵੈ) ਚੁਗਾਉਂਦੇ ਹਨ	Kabehoo Kooran Chanae Binaavai ||1||	Sometimes, they have to pick out the grain from the chaff. ||1||	
50077	1164	ਜਿਉ ਰਾਮੁ ਰਾਖੈ ਤਿਉ ਰਹੀਐ ਰੇ ਭਾਈ॥		Jio Raam Raakhai Thio Reheeai Rae Bhaaee ||	As the Lord keeps us, so do we live, O Siblings of Destiny.	

50078	1164	ਹਰਿ ਕੀ ਮਹਿਮਾ ਕਿਛੁ ਕਥਨੁ ਨ ਜਾਈ॥੧॥ਰਹਾਉ॥		Har Kee Mehimaa Kishh Kathhan N Jaaee ||1|| Rehaao ||	The Lord's Glory cannot even be described. ||1||Pause||	
50079	1164	ਕਬਹੂ ਤੁਰੇ ਤੁਰੰਗ ਨਚਾਵੈ॥		Kabehoo Thurae Thurang Nachaavai ||	Sometimes, people prance around on horses.	
50080	1164	ਕਬਹੂ ਪਾਇ ਪਨਹੀਓ ਨ ਪਾਵੈ॥੨॥	(ਪਨਹੀ) ਓਜੁੱਤਾ	Kabehoo Paae Paneheeou N Paavai ||2||	Sometimes, they do not even have shoes for their feet. ||2||	
50081	1164	ਕਬਹੂ ਖਾਟ ਸੁਪੇਦੀ ਸੁਵਾਵੈ॥	(ਸੁਪੇਦੀ) ਚਿੱਟੀ ਵਛਾਈ। (ਸੁਵਾਵੈ) ਸਵੌਂਦੇ ਹਨ	Kabehoo Khaatt Supaedhee Suvaavai ||	Sometimes, people sleep on cozy beds with white sheets.	
50082	1164	ਕਬਹੂ ਭੂਮਿ ਪੈਆਰੁ ਨ ਪਾਵੈ॥੩॥	(ਪੈਆਰੁ) ਪੈਰ	Kabehoo Bhoom Paiaar N Paavai ||3||	Sometimes, they do not even have straw to put down on the ground. ||3||	
50083	1164	ਭਨਤਿ ਨਾਮਦੇਉ ਇਕੁ ਨਾਮੁ ਨਿਸਤਾਰੈ॥		Bhanath Naamadhaeo Eik Naam Nisathaarai ||	Naam Dayv prays, only the Naam, the Name of the Lord, can save us.	

50084	1164	ਜਿਹ ਗੁਰੁ ਮਿਲੈ ਤਿਹ ਪਾਰਿ ਉਤਾਰੈ॥੪॥੫॥		Jih Gur Milai Thih Paar Outhaarai ||4||5||	One who meets the Guru, is carried across to the other side. ||4||5||	
50085	1164	ਹਸਤ ਖੇਲਤ ਤੇਰੇ ਦੇਹੁਰੇ ਆਇਆ॥		Hasath Khaelath Thaerae Dhaehurae Aaeiaa ||	Laughing and playing, I came to Your Temple, O Lord.	
50086	1164	ਭਗਤਿ ਕਰਤ ਨਾਮਾ ਪਕਰਿ ਉਠਾਇਆ॥੧॥		Bhagath Karath Naamaa Pakar Outhaaeiaa ||1||	While Naam Dayv was worshipping, he was grabbed and driven out. ||1||	
50087	1164	ਹੀਨੜੀ ਜਾਤਿ ਮੇਰੀ ਜਾਦਿਮ ਰਾਇਆ॥	(ਜਾਦਿਮ ਰਾਇਆ) ਸ੍ਰਬ ਵਿਆਪੀ ਕਰਤਾਰ ਜੀ	Heenarree Jaath Maeree Jaadhim Raaeiaa ||	I am of a low social class, O Lord;	
50088	1164	ਛੀਪੇ ਕੇ ਜਨਮਿ ਕਾਹੇ ਕਉ ਆਇਆ॥੧॥ਰਹਾਉ॥		Shheepae Kae Janam Kaahae Ko Aaeiaa ||1|| Rehaao ||	Why was I born into a family of fabric dyers? ||1||Pause||	
50089	1164	ਲੈ ਕਮਲੀ ਚਲਿਓ ਪਲਟਾਇ॥	ਚੱਲਿਓ। ਕਮਲੀ: ਲੱਲੇ ਨੂੰ ਹਲੰਤ ਨਹੀਂ ਲਾਉਣਾ	Lai Kamalee Chaliou Palattaae ||	I picked up my blanket and went back,	
50090	1164	ਦੇਹੁਰੈ ਪਾਛੈ ਬੈਠਾ ਜਾਇ॥੨॥		Dhaehurai Paashhai Baithaa Jaae ||2||	To sit behind the temple. ||2||	

50091	1164	ਜਿਉ ਜਿਉ ਨਾਮਾ ਹਰਿ ਗੁਣ ਉਚਰੈ॥		Jio Jio Naamaa Har Gun Oucharai ||	As Naam Dayv uttered the Glorious Praises of the Lord,	
50092	1164	ਭਗਤ ਜਨਾਂ ਕਉ ਦੇਹੁਰਾ ਫਿਰੈ॥੩॥੬॥		Bhagath Janaan Ko Dhaehuraa Firai ||3||6||	The temple turned around to face the Lord's humble devotee. ||3||6||	
50093	1164	ਭੈਰਉ ਨਾਮਦੇਉ ਜੀਉ ਘਰੁ ੨		Bhairo Naamadhaeo Jeeo Ghar 2	Bhairao, Naam Dayv Jee, Second House:	
50094	1164	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	
50095	1164	ਜੈਸੀ ਭੂਖੇ ਪ੍ਰੀਤਿ ਅਨਾਜ॥		Jaisee Bhookhae Preeth Anaaj ||	As the hungry person loves food,	
50096	1164	ਤ੍ਰਿਖਾਵੰਤ ਜਲ ਸੇਤੀ ਕਾਜ॥		Thrikhaavanth Jal Saethee Kaaj ||	And the thirsty person is obsessed with water,	
50097	1164	ਜੈਸੀ ਮੂੜ ਕੁਟੰਬ ਪਰਾਇਣ॥	ਮੂੜ	Jaisee Moorr Kuttanb Paraaein ||	And as the fool is attached to his family	
50098	1164	ਐਸੀ ਨਾਮੇ ਪ੍ਰੀਤਿ ਨਰਾਇਣ॥੧॥		Aisee Naamae Preeth Naraaein ||1||	- just so, the Lord is very dear to Naam Dayv. ||1||	
50099	1164	ਨਾਮੇ ਪ੍ਰੀਤਿ ਨਾਰਾਇਣ ਲਾਗੀ॥		Naamae Preeth Naaraaein Laagee ||	Naam Dayv is in love with the Lord.	

50100	1164	ਸਹਜ ਸੁਭਾਇ ਭਇਓ ਬੈਰਾਗੀ॥੧॥ਰਹਾਉ॥		Sehaj Subhaae Bhaeiou Bairaagee ||1|| Rehaao ||	He has naturally and intuitively become detached from the world. ||1||Pause||	
50101	1164	ਜੈਸੀ ਪਰ ਪੁਰਖਾ ਰਤ ਨਾਰੀ॥	ਰਤਪ੍ਰੀਤ। ਰਤ: ਪੋਲਾ ਬੋਲੋ	Jaisee Par Purakhaa Rath Naaree ||	Like the woman who falls in love with another man,	
50102	1164	ਲੋਭੀ ਨਰੁ ਧਨ ਕਾ ਹਿਤਕਾਰੀ॥		Lobhee Nar Dhhan Kaa Hithakaaree ||	And the greedy man who loves only wealth,	
50103	1164	ਕਾਮੀ ਪੁਰਖ ਕਾਮਨੀ ਪਿਆਰੀ॥		Kaamee Purakh Kaamanee Piaaree ||	And the sexually promiscuous man who loves women and sex,	
50104	1164	ਐਸੀ ਨਾਮੇ ਪ੍ਰੀਤਿ ਮੁਰਾਰੀ॥੨॥		Aisee Naamae Preeth Muraaree ||2||	Just so, Naam Dayv is in love with the Lord. ||2||	
50105	1164	ਸਾਈ ਪ੍ਰੀਤਿ ਜਿ ਆਪੇ ਲਾਏ॥	ਸਾਂਈਂ	Saaee Preeth J Aapae Laaeae ||	But that alone is real love, which the Lord Himself inspires;	
50106	1164	ਗੁਰ ਪਰਸਾਦੀ ਦੁਬਿਧਾ ਜਾਏ॥		Gur Parasaadhee Dhubidhhaa Jaaeae ||	By Guru's Grace, duality is eradicated.	
50107	1164	ਕਬਹੁ ਨ ਤੂਟਸਿ ਰਹਿਆ ਸਮਾਇ॥		Kabahu N Thoottas Rehiaa Samaae ||	Such love never breaks; through it, the mortal remains merged in the Lord.	

50108	1164	ਨਾਮੇ ਚਿਤੁ ਲਾਇਆ ਸਚਿ ਨਾਇ॥੩॥		Naamae Chith Laaeiaa Sach Naae ||3||	Naam Dayv has focused his consciousness on the True Name. ||3||	
50109	1164	ਜੈਸੀ ਪ੍ਰੀਤਿ ਬਾਰਿਕ ਅਰੁ ਮਾਤਾ॥		Jaisee Preeth Baarik Ar Maathaa ||	Like the love between the child and its mother,	
50110	1164	ਐਸਾ ਹਰਿ ਸੇਤੀ ਮਨੁ ਰਾਤਾ॥		Aisaa Har Saethee Man Raathaa ||	So is my mind imbued with the Lord.	
50111	1164	ਪ੍ਰਣਵੈ ਨਾਮਦੇਉ ਲਾਗੀ ਪ੍ਰੀਤਿ॥		Pranavai Naamadhaeo Laagee Preeth ||	Prays Naam Dayv, I am in love with the Lord.	
50112	1164	ਗੋਬਿਦੁ ਬਸੈ ਹਮਾਰੈ ਚੀਤਿ॥੪॥੧॥੭॥		Gobidh Basai Hamaarai Cheeth ||4||1||7||	The Lord of the Universe abides within my consciousness. ||4||1||7||	
50113	1164	ਘਰ ਕੀ ਨਾਰਿ ਤਿਆਗੈ ਅੰਧਾ॥		Ghar Kee Naar Thiaagai Andhhaa ||	The blind fool abandons the wife of his own home,	
50114	1165	ਪਰ ਨਾਰੀ ਸਿਉ ਘਾਲੈ ਧੰਧਾ॥		Par Naaree Sio Ghaalai Dhhandhhaa ||	And has an affair with another woman.	
50115	1165	ਜੈਸੇ ਸਿੰਬਲੁ ਦੇਖਿ ਸੂਆ ਬਿਗਸਾਨਾ॥		Jaisae Sinbal Dhaekh Sooaa Bigasaanaa ||	He is like the parrot, who is pleased to see the simbal tree;	

50116	1165	ਅੰਤ ਕੀ ਬਾਰ ਮੂਆ ਲਪਟਾਨਾ॥੧॥		Anth Kee Baar Mooaa Lapattaanaa ||1||	But in the end, he dies, stuck to it. ||1||	
50117	1165	ਪਾਪੀ ਕਾ ਘਰੁ ਅਗਨੇ ਮਾਹਿ॥		Paapee Kaa Ghar Aganae Maahi ||	The home of the sinner is on fire.	
50118	1165	ਜਲਤ ਰਹੈ ਮਿਟਵੈ ਕਬ ਨਾਹਿ॥੧॥ਰਹਾਉ॥		Jalath Rehai Mittavai Kab Naahi ||1|| Rehaao ||	It keeps burning, and the fire cannot be extinguished. ||1||Pause||	
50119	1165	ਹਰਿ ਕੀ ਭਗਤਿ ਨ ਦੇਖੈ ਜਾਇ॥		Har Kee Bhagath N Dhaekhai Jaae ||	He does not go to see where the Lord is being worshipped.	
50120	1165	ਮਾਰਗੁ ਛੋਡਿ ਅਮਾਰਗਿ ਪਾਇ॥		Maarag Shhodd Amaarag Paae ||	He abandons the Lord's Path, and takes the wrong path.	
50121	1165	ਮੂਲਹੁ ਭੂਲਾ ਆਵੈ ਜਾਇ॥		Moolahu Bhoolaa Aavai Jaae ||	He forgets the Primal Lord God, and is caught in the cycle of reincarnation.	
50122	1165	ਅੰਮ੍ਰਿਤੁ ਡਾਰਿ ਲਾਦਿ ਬਿਖੁ ਖਾਇ॥੨॥		Anmrith Ddaar Laadh Bikh Khaae ||2||	He throws away the Ambrosial Nectar, and gathers poison to eat. ||2||	
50123	1165	ਜਿਉ ਬੇਸ੍ਵਾ ਕੇ ਪਰੈ ਅਖਾਰਾ॥		Jio Baesvaa Kae Parai Akhaaraa ||	He is like the prostitute, who comes to dance,	

50124	1165	ਕਾਪਰੁ ਪਹਿਰਿ ਕਰਹਿ ਸੰਗੀਗਾਰਾ॥		Kaapar Pehir Karehi Sanaeegaaraa ||	Wearing beautiful clothes, decorated and adorned.	
50125	1165	ਪੂਰੇ ਤਾਲ ਨਿਹਾਲੇ ਸਾਸ॥		Poorae Thaal Nihaalae Saas ||	She dances to the beat, exciting the breath of those who watch her.	
50126	1165	ਵਾ ਕੇ ਗਲੇ ਜਮ ਕਾ ਹੈ ਫਾਸ॥੩॥		Vaa Kae Galae Jam Kaa Hai Faas ||3||	But the noose of the Messenger of Death is around her neck. ||3||	
50127	1165	ਜਾ ਕੇ ਮਸਤਕਿ ਲਿਖਿਓ ਕਰਮਾ॥		Jaa Kae Masathak Likhiou Karamaa ||	One who has good karma recorded on his forehead,	
50128	1165	ਸੋ ਭਜਿ ਪਰਿ ਹੈ ਗੁਰ ਕੀ ਸਰਨਾ॥		So Bhaj Par Hai Gur Kee Saranaa ||	Hurries to enter the Guru's Sanctuary.	
50129	1165	ਕਹਤ ਨਾਮਦੇਉ ਇਹੁ ਬੀਚਾਰੁ॥		Kehath Naamadhaeo Eihu Beechaar ||	Says Naam Dayv, consider this:	
50130	1165	ਇਨ ਬਿਧਿ ਸੰਤਹੁ ਉਤਰਹੁ ਪਾਰਿ॥੪॥੨॥੮॥		Ein Bidhh Santhahu Outharahu Paar ||4||2||8||	O Saints, this is the way to cross over to the other side. ||4||2||8||	
50131	1165	ਸੰਡਾ ਮਰਕਾ ਜਾਇ ਪੁਕਾਰੇ॥		Sanddaa Marakaa Jaae Pukaarae ||	Sanda and Marka went and complained to Harnaakhash,	(ਪ੍ਰਹਿਲਾਦ ਦੇ ਦੋਵੇਂ ਉਸਤਾਦ) ਸੰਡ ਅਤੇ ਅਮਰਕ ਨੇ (ਹਰਨਾਖਸ਼ ਕੋਲ) ਜਾ ਕੇ ਫ਼ਰਿਆਦ ਕੀਤੀ-

50132	1165	ਪੜੈ ਨਹੀ ਹਮ ਹੀ ਪਚਿ ਹਾਰੇ॥	ਪਚਿ:ਪੋਲਾ ਬੋਲੋ। (ਪਚਿ) ਹੰਭ, ਸੜ। (ਹਾਰੇ) ਹਾਰ ਗਏ। ਪੜੈ	Parrai Nehee Ham Hee Pach Haarae ||	"Your son does not read his lessons. We are tired of trying to teach him.	
50133	1165	ਰਾਮੁ ਕਹੈ ਕਰ ਤਾਲ ਬਜਾਵੈ ਚਟੀਆ ਸਭੈ ਬਿਗਾਰੇ॥੧॥	ਚਟੀਆ: ਪੋਲਾ ਬੋਲੋ।ਸੱਭੈ	Raam Kehai Kar Thaal Bajaavai Chatteeaa Sabhai Bigaarae ||1||	He chants the Lord's Name, clapping his hands to keep the beat; he has spoiled all the other students. ||1||	
50134	1165	ਰਾਮ ਨਾਮਾ ਜਪਿਬੋ ਕਰੈ॥		Raam Naamaa Japibo Karai ||	He chants the Lord's Name,	
50135	1165	ਹਿਰਦੈ ਹਰਿ ਜੀ ਕੋ ਸਿਮਰਨੁ ਧਰੈ॥੧॥ਰਹਾਉ॥		Hiradhai Har Jee Ko Simaran Dhharai ||1|| Rehaao ||	And he has enshrined meditative remembrance of the Lord within his heart.""||1||Pause||	
50136	1165	ਬਸੁਧਾ ਬਸਿ ਕੀਨੀ ਸਭ ਰਾਜੇ ਬਿਨਤੀ ਕਰੈ ਪਟਰਾਨੀ॥	ਬਸੁ-ਧਾ: ਪੋਲਾ ਬੋਲੋ। ਬੱਸਿ	Basudhhaa Bas Keenee Sabh Raajae Binathee Karai Pattaraanee ||	"Your father the king has conquered the whole world", said his mother the queen.	(ਪ੍ਰਹਿਲਾਦ ਦੀ ਮਾਂ) ਵੱਡੀ ਰਾਣੀ (ਪ੍ਰਹਿਲਾਦ ਅੱਗੇ) ਤਰਲੇ ਕਰਦੀ ਹੈ (ਤੇ ਸਮਝਾਉਂਦੀ ਹੈ ਕਿ ਤੇਰੇ ਪਿਤਾ) ਰਾਜੇ ਨੇ ਸਾਰੀ ਧਰਤੀ ਆਪਣੇ ਵੱਸ ਕੀਤੀ ਹੋਈ ਹੈ (ਉਸ ਦਾ ਹੁਕਮ ਨਾ ਮੋੜ),

50137	1165	ਪੂਤੁ ਪ੍ਰਹਿਲਾਦੁ ਕਹਿਆ ਨਹੀ ਮਾਨੈ ਤਿਨਿ ਤਉ ਅਉਰੈ ਠਾਨੀ॥੨॥		Pooth Prehilaadh Kehiaa Nehee Maanai Thin Tho Aourai Thaanee ||2||	"O Prahlad my son, you do not obey him, so he has decided to deal with you in another way."||2||	ਪਰ ਪੁੱਤਰ ਪ੍ਰਹਿਲਾਦ (ਮਾਂ ਦਾ) ਆਖਿਆ ਮੰਨਦਾ ਨਹੀਂ, ਉਸ ਨੇ ਤਾਂ ਕੋਈ ਹੋਰ ਗੱਲ ਮਨ ਵਿਚ ਪੱਕੀ ਕੀਤੀ ਹੋਈ ਹੈ ॥੨॥
50138	1165	ਦੁਸਟ ਸਭਾ ਮਿਲਿ ਮੰਤਰ ਉਪਾਇਆ ਕਰਸਹ ਅਉਧ ਘਨੇਰੀ॥	(ਅਉਧ) ਉਮਰ (ਘਨੇਰੀ) ਬਹੁਤੀ ਕਰ ਦਿਆਂਗੇ ਭਾਵ ਮਾਰ ਦਿਆਂਗੇ	Dhusatt Sabhaa Mil Manthar Oupaaeiaa Karaseh Aoudhh Ghanaeree ||	The council of villians met and resolved to send Prahlaad into the life hereafter.	ਦੁਸ਼ਟਾਂ ਦੀ ਜੁੰਡੀ ਨੇ ਰਲ ਕੇ ਸਲਾਹ ਕਰ ਲਈ-(ਜੇ ਪ੍ਰਹਿਲਾਦ ਨਹੀਂ ਮੰਨਦਾ ਤਾਂ) ਅਸੀਂ ਇਸ ਨੂੰ ਮਾਰ ਮੁਕਾਵਾਂਗੇ;
50139	1165	ਗਿਰਿ ਤਰ ਜਲ ਜੁਆਲਾ ਭੈ ਰਾਖਿਓ ਰਾਜਾਰਾਮਿ ਮਾਇਆ ਫੇਰੀ॥੩॥		Gir Thar Jal Juaalaa Bhai Raakhiou Raajaa Raam Maaeiaa Faeree ||3||	Prahlaad was thrown off a mountain, into the water, and into a fire, but the Sovereign Lord God saved him, by changing the laws of nature. ||3||	ਪਰ ਜਗਤ ਦੇ ਮਾਲਕ ਪ੍ਰਭੂ ਨੇ ਆਪਣੀ ਮਾਇਆ ਦਾ ਸੁਭਾਉ ਹੀ ਬਦਲਾ ਦਿੱਤਾ, (ਪ੍ਰਭੂ ਨੇ ਪ੍ਰਹਿਲਾਦ ਨੂੰ) ਪਹਾੜ, ਰੁੱਖ, ਪਾਣੀ, ਅੱਗ (ਇਹਨਾਂ ਸਭਨਾਂ ਦੇ) ਡਰ ਤੋਂ ਬਚਾ ਲਿਆ ॥੩॥
50140	1165	ਕਾਢਿ ਖੜਗੁ ਕਾਲੁ ਭੈ ਕੋਪਿਓ ਮੋਹਿ ਬਤਾਉ ਜੁ ਤੁਹਿ ਰਾਖੈ॥		Kaadt Kharrag Kaal Bhai Kopiou Mohi Bathaao J Thuhi Raakhai ||	Harnaakhash thundered with rage and threatened to kill Prahlaad. ""Tell me, who can save you?""	(ਹੁਣ ਅੰਦਰੋਂ) ਡਰਿਆ ਹੋਇਆ (ਪਰ ਬਾਹਰੋਂ) ਕ੍ਰੋਧਵਾਨ ਹੋ ਕੇ, ਮੌਤ-ਰੂਪ ਤਲਵਾਰ ਕੱਢ ਕੇ (ਬੋਲਿਆ-) ਮੈਨੂੰ ਦੱਸ ਜਿਹੜਾ ਤੈਨੂੰ (ਇਸ ਤਲਵਾਰ ਤੋਂ) ਬਚਾ ਸਕਦਾ ਹੈ।

50141	1165	ਪੀਤ ਪੀਤਾਂਬਰ ਤ੍ਰਿਭਵਣ ਧਣੀ ਥੰਭ ਮਾਹਿ ਹਰਿ ਭਾਖੈ॥੪॥		Peeth Peethaanbar Thribhavan Dhhanee Thhanbh Maahi Har Bhaakhai ||4||	Prahlaad answered, ""The Lord, the Master of the three worlds, is contained even in this pillar to which I am tied.""||4||	(ਅੱਗੋਂ) ਪੀਲੇ ਕੱਪੜਿਆਂ ਵਾਲਾ ਕ੍ਰਿਸ਼ਨ ਪ੍ਰਭੂ, ਤਿੰਨਾਂ ਭਵਨਾਂ ਦਾ ਮਾਲਕ ਪਰਮਾਤਮਾ ਥੰਮ੍ਹ ਵਿਚ ਬੋਲਦਾ ਹੈ ॥੪॥
50142	1165	ਹਰਨਾਖਸੁ ਜਿਨਿ ਨਖਹ ਬਿਦਾਰਿਓ ਸੁਰਿ ਨਰ ਕੀਏ ਸਨਾਥਾ॥		Haranaakhas Jin Nakheh Bidhaariou Sur Nar Keeeae Sanaathhaa ||	The Lord who tore Harnaakhash apart with His nails proclaimed Himself the Lord of gods and men.	ਜਿਸ ਪ੍ਰਭੂ ਨੇ ਹਰਨਾਖ਼ਸ਼ ਨੂੰ ਨਹੁੰਆਂ ਨਾਲ ਚੀਰ ਦਿੱਤਾ, ਦੇਵਤਿਆਂ ਤੇ ਮਨੁੱਖਾਂ ਨੂੰ ਢਾਰਸ ਦਿੱਤੀ,
50143	1165	ਕਹਿ ਨਾਮਦੇਉ ਹਮ ਨਰਹਰਿ ਧਿਆਵਹਿ ਰਾਮੁ ਅਭੈ ਪਦ ਦਾਤਾ॥੫॥੩॥੯॥		Kehi Naamadhaeo Ham Narehar Dhhiaaveh Raam Abhai Padh Dhaathaa ||5||3||9||	Says Naam Dayv, I meditate on the Lord, the Man-lion, the Giver of fearless dignity. ||5||3||9||	ਨਾਮਦੇਵ ਆਖਦਾ ਹੈ ਕਿ ਮੈਂ ਭੀ ਉਸੇ ਪ੍ਰਭੂ ਨੂੰ ਸਿਮਰਦਾ ਹਾਂ; ਪ੍ਰਭੂ ਹੀ ਨਿਰਭੈਤਾ ਦਾ ਦਰਜਾ ਬਖ਼ਸ਼ਣ ਵਾਲਾ ਹੈ ॥੫॥੩॥੯॥
50144	1165	ਸੁਲਤਾਨੁ ਪੂਛੈ ਸੁਨੁ ਬੇ ਨਾਮਾ॥		Sulathaan Pooshhai Sun Bae Naamaa ||	The Sultan said, ""Listen, Naam Dayv:	(ਮੁਹੰਮਦ-ਬਿਨ-ਤੁਗ਼ਲਕ) ਬਾਦਸ਼ਾਹ ਪੁੱਛਦਾ ਹੈ-ਹੇ ਨਾਮੇ! ਸੁਣ,
50145	1165	ਦੇਖਉ ਰਾਮ ਤੁਮ੍ਹਾਰੇ ਕਾਮਾ॥੧॥		Dhaekho Raam Thumhaarae Kaamaa ||1||	Let me see the actions of your Lord.""||1||	ਮੈਂ ਤੇਰੇ ਰਾਮ ਦੇ ਕੰਮ ਵੇਖਣੇ ਚਾਹੁੰਦਾ ਹਾਂ ॥੧॥
50146	1165	ਨਾਮਾ ਸੁਲਤਾਨੇ ਬਾਧਿਲਾ॥		Naamaa Sulathaanae Baadhhilaa ||	The Sultan arrested Naam Dayv,	ਬਾਦਸ਼ਾਹ ਨੇ ਮੈਨੂੰ (ਨਾਮੇ ਨੂੰ) ਬੰਨ੍ਹ ਲਿਆ,

50147	1165	ਦੇਖਉ ਤੇਰਾ ਹਰਿ ਬੀਠੁਲਾ॥੧॥ਰਹਾਉ॥		Dhaekho Thaeraa Har Beethulaa ||1|| Rehaao ||	And said, ""Let me see your Beloved Lord.""||1||Pause||	let me see thy Beloved God. Pause.
50148	1165	ਬਿਸਮਿਲਿ ਗਊ ਦੇਹੁ ਜੀਵਾਇ॥	(ਬਿਸਮਿਲਿ) ਕਤਲ ਕੀਤੀ	Bisamil Goo Dhaehu Jeevaae ||	"Bring this dead cow back to life.	ਨਾਤਰ = ਨਹੀਂ ਤਾਂ। ਠਾਂਇ = ਇਸੇ ਥਾਂ, ਹੁਣੇ ਹੀ ॥੨॥
50149	1165	ਨਾ ਤਰੁ ਗਰਦਨਿ ਮਾਰਉ ਠਾਂਇ॥੨॥	(ਠਾਇ) ਇਸ ਥਾਂ ਤੇ	Naathar Garadhan Maaro Thaane ||2||	Otherwise, I shall cut off your head here and now.""||2||	
50150	1165	ਬਾਦਿਸਾਹ ਐਸੀ ਕਿਉ ਹੋਇ॥		Baadhisaah Aisee Kio Hoe ||	Naam Dayv answered, ""O king, how can this happen?	(ਮੈਂ ਆਖਿਆ-) ਬਾਦਸ਼ਾਹ! ਅਜਿਹੀ ਗੱਲ ਕਿਵੇਂ ਹੋ ਸਕਦੀ ਹੈ?
50151	1165	ਬਿਸਮਿਲਿ ਕੀਆ ਨ ਜੀਵੈ ਕੋਇ॥੩॥		Bisamil Keeaa N Jeevai Koe ||3||	No one can bring the dead back to life. ||3||	ਕਦੇ ਕੋਈ ਮੋਇਆ ਹੋਇਆ ਮੁੜ ਨਹੀਂ ਜੀਵਿਆ ॥੩॥
50152	1165	ਮੇਰਾ ਕੀਆ ਕਛੂ ਨ ਹੋਇ॥		Maeraa Keeaa Kashhoo N Hoe ||	I cannot do anything by my own actions.	(ਤੇ ਇਕ ਹੋਰ ਗੱਲ ਭੀ ਹੈ) ਮੇਰਾ ਕੀਤਾ ਕੁਝ ਨਹੀਂ ਹੋ ਸਕਦਾ।
50153	1165	ਕਰਿ ਹੈ ਰਾਮੁ ਹੋਇ ਹੈ ਸੋਇ॥੪॥		Kar Hai Raam Hoe Hai Soe ||4||	Whatever the Lord does, that alone happens.""||4||	ਉਹੀ ਕੁਝ ਹੁੰਦਾ ਹੈ ਜੋ ਪਰਮਾਤਮਾ ਕਰਦਾ ਹੈ ॥੪॥
50154	1165	ਬਾਦਿਸਾਹੁ ਚੜ੍ਹਿਓ ਅਹੰਕਾਰਿ॥		Baadhisaahu Charrihou Ahankaar ||	The arrogant king was enraged at this reply.	ਬਾਦਸ਼ਾਹ (ਇਹ ਉੱਤਰ ਸੁਣ ਕੇ) ਅਹੰਕਾਰ ਵਿਚ ਆਇਆ,
50155	1165	ਗਜ ਹਸਤੀ ਦੀਨੋ ਚਮਕਾਰਿ॥੫॥	ਗਜ: ਪੋਲਾ ਬੋਲੋ	Gaj Hasathee Dheeno Chamakaar ||5||	He incited an elephant to attack. ||5||	ਉਸ ਨੇ (ਮੇਰੇ ਉੱਤੇ) ਇਕ ਵੱਡਾ ਹਾਥੀ ਚਮਕਾ ਕੇ ਚਾੜ੍ਹ ਦਿੱਤਾ ॥੫॥

50156	1165	ਰੁਦਨੁ ਕਰੈ ਨਾਮੇ ਕੀ ਮਾਇ॥		Rudhan Karai Naamae Kee Maae ||	Naam Dayv's mother began to cry,	(ਮੇਰੀ) ਨਾਮੇ ਦੀ ਮਾਂ ਰੋਣ ਲੱਗ ਪਈ,
50157	1165	ਛੋਡਿ ਰਾਮੁ ਕੀ ਨ ਭਜਹਿ ਖੁਦਾਇ॥੬॥		Shhodd Raam Kee N Bhajehi Khudhaae ||6||	And she said, "Why don't you abandon your Lord Raam, and worship his Lord Allah?"||6||	(ਤੇ ਆਖਣ ਲੱਗੀ-ਹੇ ਬੱਚਾ!) ਤੂੰ ਰਾਮ ਛੱਡ ਕੇ ਖ਼ੁਦਾ ਖ਼ੁਦਾ ਕਿਉਂ ਨਹੀਂ ਆਖਣ ਲੱਗ ਪੈਂਦਾ? ॥੬॥
50158	1165	ਨ ਹਉ ਤੇਰਾ ਪੂੰਗੜਾ ਨ ਤੂ ਮੇਰੀ ਮਾਇ॥		N Ho Thaeraa Poongarraa N Thoo Maeree Maae ||	Naam Dayv answered, ""I am not your son, and you are not my mother.	(ਮੈਂ ਉੱਤਰ ਦਿੱਤਾ-) ਨਾ ਮੈਂ ਤੇਰਾ ਪੁੱਤਰ ਹਾਂ, ਨਾ ਤੂੰ ਮੇਰੀ ਮਾਂ ਹੈਂ;
50159	1165	ਪਿੰਡੁ ਪੜੈ ਤਉ ਹਰਿ ਗੁਨ ਗਾਇ॥੭॥	ਪੜੈ: ੜ ਹਲੰਤ ਨ ਲਾਉ	Pindd Parrai Tho Har Gun Gaae ||7||	Even if my body dies, I will still sing the Glorious Praises of the Lord.""||7||	ਜੇ ਮੇਰਾ ਸਰੀਰ ਭੀ ਨਾਸ ਹੋ ਜਾਏ, ਤਾਂ ਭੀ ਨਾਮਾ ਹਰੀ ਦੇ ਗੁਣ ਗਾਂਦਾ ਰਹੇਗਾ ॥੭॥
50160	1165	ਕਰੈ ਗਜਿੰਦੁ ਸੁੰਡ ਕੀ ਚੋਟ॥		Karai Gajindh Sundd Kee Chott ||	The elephant attacked him with his trunk,	ਹਾਥੀ ਆਪਣੀ ਸੁੰਡ ਦੀ ਚੋਟ ਕਰਦਾ ਹੈ,
50161	1165	ਨਾਮਾ ਉਬਰੈ ਹਰਿ ਕੀ ਓਟ॥੮॥		Naamaa Oubarai Har Kee Outt ||8||	But Naam Dayv was saved, protected by the Lord. ||8||	ਪਰ ਨਾਮਾ ਬਚ ਨਿਕਲਦਾ ਹੈ; ਨਾਮੇ ਨੂੰ ਪਰਮਾਤਮਾ ਦਾ ਆਸਰਾ ਹੈ ॥੮॥
50162	1165	ਕਾਜੀ ਮੁਲਾਂ ਕਰਹਿ ਸਲਾਮੁ॥		Kaajee Mulaan Karehi Salaam ||	The king said, ""The Qazis and the Mullahs bow down to me,	(ਬਾਦਸ਼ਾਹ ਸੋਚਦਾ ਹੈ-) ਮੈਨੂੰ (ਮੇਰੇ ਮਜ਼ਹਬ ਦੇ ਆਗੂ) ਕਾਜ਼ੀ ਤੇ ਮੌਲਵੀ ਤਾਂ ਸਲਾਮ ਕਰਦੇ ਹਨ,

50163	1165	ਇਨਿ ਹਿੰਦੂ ਮੇਰਾ ਮਲਿਆ ਮਾਨੁ॥੯॥	ਮਲਿਆ:ਪੋਲਾ ਬੋਲੋ	Ein Hindhoo Maeraa Maliaa Maan ||9||	But this Hindu has trampled my honor.""||9||	ਪਰ ਇਸ ਹਿੰਦੂ ਨੇ ਮੇਰਾ ਮਾਣ ਤੋੜ ਦਿੱਤਾ ਹੈ ॥੯॥
50164	1165	ਬਾਦਿਸਾਹ ਬੇਨਤੀ ਸੁਨੇਹੁ॥		Baadhisaah Baenathee Sunaehu ||	The people pleaded with the king, ""Hear our prayer, O king.	(ਹਿੰਦੂ ਲੋਕ ਰਲ ਕੇ ਆਏ, ਤੇ ਆਖਣ ਲੱਗੇ,) ਹੇ ਬਾਦਸ਼ਾਹ! ਅਸਾਡੀ ਅਰਜ਼ ਸੁਣ,
50165	1166	ਨਾਮੇ ਸਰ ਭਰਿ ਸੋਨਾ ਲੇਹੁ॥੧੦॥	(ਸਰ) ਬਰਾਬਰ। (ਭਰਿ) ਤੋਲ ਕੇ	Naamae Sar Bhar Sonaa Laehu ||10||	Here, take Naam Dayvs weight in gold, and release him.""||10||	ਨਾਮਦੇਵ ਨਾਲ ਸਾਵਾਂ ਤੋਲ ਕੇ ਸੋਨਾ ਲੈ ਲੈ (ਤੇ ਇਸ ਨੂੰ ਛੱਡ ਦੇ) ॥੧੦॥
50166	1166	ਮਾਲੁ ਲੇਉ ਤਉ ਦੋਜਕਿ ਪਰਉ॥		Maal Laeo Tho Dhojak Paro ||	The king replied, ""If I take the gold, then I will be consigned to hell,	(ਉਸ ਨੇ ਉੱਤਰ ਦਿੱਤਾ) ਜੇ ਮੈਂ ਵੱਢੀ ਲਵਾਂ ਤਾਂ ਦੋਜ਼ਕ ਵਿਚ ਪੈਂਦਾ ਹਾਂ,
50167	1166	ਦੀਨੁ ਛੋਡਿ ਦੁਨੀਆ ਕਉ ਭਰਉ॥੧੧॥		Dheen Shhodd Dhuneeaa Ko Bharo ||11||	By forsaking my faith and gathering worldly wealth.""||11||	(ਕਿਉਂਕਿ ਇਸ ਤਰ੍ਹਾਂ ਤਾਂ) ਮੈਂ ਮਜ਼ਹਬ ਛੱਡ ਕੇ ਦੌਲਤ ਇਕੱਠੀ ਕਰਦਾ ਹਾਂ ॥੧੧॥
50168	1166	ਪਾਵਹੁ ਬੇੜੀ ਹਾਥਹੁ ਤਾਲ॥		Paavahu Baerree Haathhahu Thaal ||	With his feet in chains, Naam Dayv kept the beat with his hands,	ਨਾਮਦੇਵ ਦੇ ਪੈਰਾਂ ਵਿਚ ਬੇੜੀਆਂ ਹਨ,
50169	1166	ਨਾਮਾ ਗਾਵੈ ਗੁਨ ਗੋਪਾਲ॥੧੨॥		Naamaa Gaavai Gun Gopaal ||12||	Singing the Praises of the Lord. ||12||	ਪਰ ਫਿਰ ਭੀ ਉਹ ਹੱਥਾਂ ਨਾਲ ਤਾਲ ਦੇ ਦੇ ਕੇ ਪਰਮਾਤਮਾ ਦੇ ਗੁਣ ਗਾਂਦਾ ਹੈ ॥੧੨॥

50170	1166	ਗੰਗ ਜਮੁਨ ਜਉ ਉਲਟੀ ਬਹੈ॥		Gang Jamun Jo Oulattee Behai ||	"Even if the Ganges and the Jamunaa rivers flow backwards,	
50171	1166	ਤਉ ਨਾਮਾ ਹਰਿ ਕਰਤਾ ਰਹੈ॥੧੩॥		Tho Naamaa Har Karathaa Rehai ||13||	I will still continue singing the Praises of the Lord.""||13||	ਤਾਂ ਭੀ ਨਾਮਾ ਹਰੀ ਦੇ ਗੁਣ ਗਾਂਦਾ ਰਹੇਗਾ (ਤੇ ਦਬਾਉ ਵਿਚ ਆ ਕੇ ਖ਼ੁਦਾ ਖ਼ੁਦਾ ਨਹੀਂ ਆਖੇਗਾ) ॥੧੩॥
50172	1166	ਸਾਤ ਘੜੀ ਜਬ ਬੀਤੀ ਸੁਣੀ॥		Saath Gharree Jab Beethee Sunee ||	Three hours passed,	(ਬਾਦਸ਼ਾਹ ਨੇ ਗਾਂ ਜਿਵਾਲਣ ਲਈ ਇਕ ਪਹਿਰ ਮੁਹਲਤ ਦਿੱਤੀ ਹੋਈ ਸੀ) ਜਦੋਂ (ਘੜਿਆਲ ਤੇ) ਸੱਤ ਘੜੀਆਂ ਗੁਜ਼ਰੀਆਂ ਸੁਣੀਆਂ,
50173	1166	ਅਜਹੁ ਨ ਆਇਓ ਤ੍ਰਿਭਵਣ ਧਣੀ॥੧੪॥		Ajahu N Aaeiou Thribhavan Dhhanee ||14||	And even then, the Lord of the three worlds had not come. ||14||	ਤਾਂ (ਮੈਂ ਨਾਮੇ ਨੇ ਸੋਚਿਆ ਕਿ) ਅਜੇ ਤਕ ਭੀ ਤ੍ਰਿਲੋਕੀ ਦਾ ਮਾਲਕ ਪ੍ਰਭੂ ਨਹੀਂ ਆਇਆ ॥੧੪॥
50174	1166	ਪਾਖੰਤਣ ਬਾਜ ਬਜਾਇਲਾ॥	ਪਾ-ਖੰਤਣ	Paakhanthan Baaj Bajaaeilaa ||	Playing on the instrument of the feathered wings,	(ਬੱਸ! ਉਸੇ ਵੇਲੇ) ਖੰਭਾਂ ਦੇ ਫੜਕਣ ਦਾ ਖੜਾਕ ਆਇਆ,
50175	1166	ਗਰੁੜ ਚੜ੍ਹੇ ਗੋਬਿੰਦ ਆਇਲਾ॥੧੫॥		Garurr Charrhae Gobindh Aaeilaa ||15||	The Lord of the Universe came, mounted on the eagle garura. ||15||	ਵਿਸ਼ਨੂੰ ਭਗਵਾਨ ਗਰੁੜ ਤੇ ਚੜ੍ਹ ਕੇ ਆ ਗਿਆ ॥੧੫॥
50176	1166	ਅਪਨੇ ਭਗਤ ਪਰਿ ਕੀ ਪ੍ਰਤਿਪਾਲ॥		Apanae Bhagath Par Kee Prathipaal ||	He cherished His devotee,	ਉਹਨਾਂ ਆਪਣੇ ਭਗਤ ਦੀ ਰੱਖਿਆ ਕਰ ਲਈ,

50177	1166	ਗਰੁੜ ਚੜੇ ਆਏ ਗੋਪਾਲ॥੧੬॥		Garurr Charrhae Aaeae Gopaal ||16||	And the Lord came, mounted on the eagle garura. ||16||	ਪ੍ਰਭੂ ਜੀ ਗਰੁੜ ਤੇ ਚੜ੍ਹ ਕੇ ਆ ਗਏ ॥੧੬॥
50178	1166	ਕਹਹਿ ਤ ਧਰਣਿ ਇਕੋਡੀ ਕਰਉ॥		Kehehi Th Dhharan Eikoddee Karo ||	The Lord said to him, ""If you wish, I shall turn the earth sideways.	(ਗੋਪਾਲ ਨੇ ਆਖਿਆ-ਹੇ ਨਾਮਦੇਵ!) ਜੇ ਤੂੰ ਆਖੇਂ ਤਾਂ ਮੈਂ ਧਰਤੀ ਟੇਢੀ ਕਰ ਦਿਆਂ,
50179	1166	ਕਹਹਿ ਤ ਲੇ ਕਰਿ ਊਪਰਿ ਧਰਉ॥੧੭॥		Kehehi Th Lae Kar Oopar Dhharo ||17||	If you wish, I shall turn it upside down. ||17||	ਜੇ ਤੂੰ ਆਖੇਂ ਤਾਂ ਇਸ ਨੂੰ ਫੜ ਕੇ ਉਲਟਾ ਦਿਆਂ ॥੧੭॥
50180	1166	ਕਹਹਿ ਤ ਮੁਈ ਗਊ ਦੇਉ ਜੀਆਇ॥		Kehehi Th Muee Goo Dhaeo Jeeaae ||	If you wish, I shall bring the dead cow back to life.	ਜੇ ਤੂੰ ਆਖੇਂ ਤਾਂ ਮੋਈ ਹੋਈ ਗਾਂ ਜਿਵਾਲ ਦਿਆਂ,
50181	1166	ਸਭੁ ਕੋਈ ਦੇਖੈ ਪਤੀਆਇ॥੧੮॥	ਪਤੀ-ਆਇ	Sabh Koee Dhaekhai Patheeaae ||18||	Everyone will see and be convinced.""||18||	ਤੇ ਇੱਥੇ ਹਰੇਕ ਜਣਾ ਤਸੱਲੀ ਨਾਲ ਵੇਖ ਲਏ ॥੧੮॥
50182	1166	ਨਾਮਾ ਪ੍ਰਣਵੈ ਸੇਲ ਮਸੇਲ॥	(ਸੇਲ) ਨਿਆਣਾ, (ਮਸੇਲ) ਬੰਨ੍ ਕੇ। (ਸੇਲ) ਸੈਨਤੋ (ਮਸੇਲ) ਸੈਨਤੀ, ਪਾਤਿਸ਼ਾਹ, ਕਾਜ਼ੀ। (ਸੇਲ) ਦੁਖੀ ਹੋਏ	Naamaa Pranavai Sael Masael ||	Naam Dayv prayed, and milked the cow.	(ਗੋਪਾਲ ਦੀ ਇਸ ਕਿਰਪਾ ਤੇ) ਮੈਂ ਨਾਮੇ ਨੇ (ਉਹਨਾਂ ਲੋਕਾਂ ਨੂੰ) ਬੇਨਤੀ ਕੀਤੀ-(ਗਊ ਨੂੰ) ਨਿਆਣਾ ਪਾ ਦਿਉ।
50183	1166	ਗਊ ਦੁਹਾਈ ਬਛਰਾ ਮੇਲਿ॥੧੯॥		Goo Dhuhaaee Bashharaa Mael ||19||	He brought the calf to the cow, and milked her. ||19||	(ਤਾਂ ਉਹਨਾਂ) ਵੱਛਾ ਛੱਡ ਕੇ ਗਾਂ ਚੋ ਲਈ ॥੧੯॥

50184	1166	ਦੂਧਹਿ ਦੁਹਿ ਜਬ ਮਟੁਕੀ ਭਰੀ॥		Dhoodhhehi Dhuhi Jab Mattukee Bharee ||	When the pitcher was filled with milk,	ਦੁੱਧ ਚੋ ਕੇ ਜਦੋਂ ਉਹਨਾਂ ਮਟਕੀ ਭਰ ਲਈ,
50185	1166	ਲੇ ਬਾਦਿਸਾਹ ਕੇ ਆਗੇ ਧਰੀ॥੨੦॥		Lae Baadhisaah Kae Aagae Dhharee ||20||	Naam Dayv took it and placed it before the king. ||20||	ਤਾਂ ਉਹ ਲੈ ਕੇ ਬਾਦਸ਼ਾਹ ਦੇ ਅੱਗੇ ਰੱਖ ਦਿੱਤੀ ॥੨੦॥
50186	1166	ਬਾਦਿਸਾਹੁ ਮਹਲ ਮਹਿ ਜਾਇ॥		Baadhisaahu Mehal Mehi Jaae ||	The king went into his palace,	ਬਾਦਸ਼ਾਹ ਮਹਲਾਂ ਵਿਚ ਚਲਾ ਗਿਆ,
50187	1166	ਅਉਘਟ ਕੀ ਘਟ ਲਾਗੀ ਆਇ॥੨੧॥		Aoughatt Kee Ghatt Laagee Aae ||21||	And his heart was troubled. ||21||	(ਤੇ ਉੱਥੇ ਉਸ ਉੱਤੇ) ਔਖੀ ਘੜੀ ਆ ਗਈ (ਭਾਵ, ਉਹ ਸਹਿਮ ਗਿਆ) ॥੨੧॥
50188	1166	ਕਾਜੀ ਮੁਲਾਂ ਬਿਨਤੀ ਫੁਰਮਾਇ॥		Kaajee Mulaan Binathee Furamaae ||	Through the Qazis and the Mullahs, the king offered his prayer,	ਆਪਣੇ ਕਾਜ਼ੀਆਂ ਤੇ ਮੌਲਵੀਆਂ ਦੀ ਰਾਹੀਂ ਉਸ ਨੇ ਬੇਨਤੀ (ਕਰ ਘੱਲੀ),
50189	1166	ਬਖਸੀ ਹਿੰਦੂ ਮੈ ਤੇਰੀ ਗਾਇ॥੨੨॥		Bakhasee Hindhoo Mai Thaeree Gaae ||22||	"Forgive me, please, O Hindu; I am just a cow before you."||22||	ਹੇ ਹਿੰਦੂ! ਮੈਨੂੰ ਹੁਕਮ ਕਰ (ਜੋ ਹੁਕਮ ਤੂੰ ਦੇਵੇਂਗਾ ਮੈਂ ਕਰਾਂਗਾ), ਮੈਨੂੰ ਬਖ਼ਸ਼, ਮੈਂ ਤੇਰੀ ਗਾਂ ਹਾਂ ॥੨੨॥
50190	1166	ਨਾਮਾ ਕਹੈ ਸੁਨਹੁ ਬਾਦਿਸਾਹ॥		Naamaa Kehai Sunahu Baadhisaah ||	Naam Dayv said, ""Listen, O king:	ਨਾਮਾ ਆਖਦਾ ਹੈ ਕਿ ਹੇ ਬਾਦਸ਼ਾਹ! ਸੁਣ,

50191	1166	ਇਹੁ ਕਿਛੁ ਪਤੀਆ ਮੁਝੈ ਦਿਖਾਇ॥੨੩॥		Eihu Kishh Patheeaa Mujhai Dhikhaae ||23||	Have I done this miracle? ||23||	ਮੈਨੂੰ ਇਕ ਤਸੱਲੀ ਦਿਵਾ ਦੇਹ ॥੨੩॥
50192	1166	ਇਸ ਪਤੀਆ ਕਾ ਇਹੈ ਪਰਵਾਨੁ॥		Eis Patheeaa Kaa Eihai Paravaan ||	The purpose of this miracle is	ਇਸ ਇਕਰਾਰ ਦਾ ਮਾਪ ਇਹ ਹੋਵੇਗਾ,
50193	1166	ਸਾਚਿ ਸੀਲਿ ਚਾਲਹੁ ਸੁਲਿਤਾਨ॥੨੪॥		Saach Seel Chaalahu Sulithaan ||24||	That you, O king, should walk on the path of truth and humility.""||24||	ਕਿ ਹੇ ਬਾਦਸ਼ਾਹ! ਤੂੰ (ਅਗਾਂਹ ਨੂੰ) ਸੱਚ ਵਿਚ ਤੁਰੇਂ, ਚੰਗੇ ਸੁਭਾਉ ਵਿਚ ਰਹੇਂ ॥੨੪॥
50194	1166	ਨਾਮਦੇਉ ਸਭ ਰਹਿਆ ਸਮਾਇ॥		Naamadhaeo Sabh Rehiaa Samaae ||	Naam Dayv became famous everywhere for this.	(ਇਹ ਕੌਤਕ ਸੁਣ ਵੇਖ ਕੇ) ਘਰ ਘਰ ਵਿਚ ਨਾਮਦੇਵ ਦੀਆਂ ਗੱਲਾਂ ਹੋਣ ਲੱਗ ਪਈਆਂ,
50195	1166	ਮਿਲਿ ਹਿੰਦੂ ਸਭ ਨਾਮੇ ਪਹਿ ਜਾਹਿ॥੨੫॥		Mil Hindhoo Sabh Naamae Pehi Jaahi ||25||	The Hindus all went together to Naam Dayv. ||25||	(ਨਗਰ ਦੇ) ਸਾਰੇ ਹਿੰਦੂ ਰਲ ਕੇ ਨਾਮਦੇਵ ਪਾਸ ਆਏ (ਤੇ ਆਖਣ ਲੱਗੇ-) ॥੨੫॥
50196	1166	ਜਉ ਅਬ ਕੀ ਬਾਰ ਨ ਜੀਵੈ ਗਾਇ॥		Jo Ab Kee Baar N Jeevai Gaae ||	If the cow had not been revived,	ਜੇ ਐਤਕੀਂ ਗਾਂ ਨਾ ਜੀਊਂਦੀ,
50197	1166	ਤ ਨਾਮਦੇਵ ਕਾ ਪਤੀਆ ਜਾਇ॥੨੬॥		Th Naamadhaev Kaa Patheeaa Jaae ||26||	People would have lost faith in Naam Dayv. ||26||	ਤਾਂ ਨਾਮਦੇਵ ਦਾ ਇਤਬਾਰ ਜਾਂਦਾ ਰਹਿਣਾ ਸੀ ॥੨੬॥

50198	1166	ਨਾਮੇ ਕੀ ਕੀਰਤਿ ਰਹੀ ਸੰਸਾਰਿ॥		Naamae Kee Keerath Rehee Sansaar ||	The fame of Naam Dayv spread throughout the world.	ਨਾਮਦੇਵ ਦੀ ਸੋਭਾ ਜਗਤ ਵਿਚ ਬਣੀ ਰਹੀ ਹੈ।
50199	1166	ਭਗਤ ਜਨਾਂ ਲੇ ਉਧਰਿਆ ਪਾਰਿ॥੨੭॥		Bhagath Janaan Lae Oudhhariaa Paar ||27||	The humble devotees were saved and carried across with him. ||27||	ਪਰ ਪ੍ਰਭੂ ਨੇ ਆਪਣੇ ਭਗਤਾਂ ਨੂੰ, ਆਪਣੇ ਸੇਵਕਾਂ ਨੂੰ ਚਰਨੀਂ ਲਾ ਕੇ ਪਾਰ ਕਰ ਦਿੱਤਾ ਹੈ ॥੨੭॥
50200	1166	ਸਗਲ ਕਲੇਸ ਨਿੰਦਕ ਭਇਆ ਖੇਦੁ॥		Sagal Kalaes Nindhak Bhaeiaa Khaedh ||	All sorts of troubles and pains afflicted the slanderer.	(ਇਹ ਸੋਭਾ ਸੁਣ ਕੇ) ਨਿੰਦਕਾਂ ਨੂੰ ਬੜੇ ਕਲੇਸ਼ ਤੇ ਬੜਾ ਦੁੱਖ ਹੋਇਆ ਹੈ,
50201	1166	ਨਾਮੇ ਨਾਰਾਇਨ ਨਾਹੀ ਭੇਦੁ॥੨੮॥੧॥੧੦॥		Naamae Naaraaein Naahee Bhaedh ||28||1||10||	There is no difference between Naam Dayv and the Lord. ||28||1||10||	(ਕਿਉਂਕਿ ਉਹ ਇਹ ਨਹੀਂ ਜਾਣਦੇ ਕਿ) ਨਾਮਦੇਵ ਅਤੇ ਪਰਮਾਤਮਾ ਵਿਚ ਕੋਈ ਵਿੱਥ ਨਹੀਂ ਰਹਿ ਗਈ ॥੨੮॥੧॥੧੦॥
50202	1166	ਘਰੁ ੨॥		Ghar 2 ||	Second House:	
50203	1166	ਜਉ ਗੁਰਦੇਉ ਤ ਮਿਲੈ ਮੁਰਾਰਿ॥		Jo Guradhaeo Th Milai Muraar ||	By the Grace of the Divine Guru, one meets the Lord.	ਜੇ ਗੁਰੂ ਮਿਲ ਪਏ ਤਾਂ ਰੱਬ ਮਿਲ ਪੈਂਦਾ ਹੈ,
50204	1166	ਜਉ ਗੁਰਦੇਉ ਤ ਉਤਰੈ ਪਾਰਿ॥		Jo Guradhaeo Th Outharai Paar ||	By the Grace of the Divine Guru, one is carried across to the other side.	ਜੇ ਗੁਰੂ ਮਿਲ ਪਏ ਤਾਂ (ਸੰਸਾਰ-ਸਮੁੰਦਰ ਤੋਂ ਮਨੁੱਖ) ਪਾਰ ਲੰਘ ਜਾਂਦਾ ਹੈ,

50205	1166	ਜਉ ਗੁਰਦੇਉ ਤ ਬੈਕੁੰਠ ਤਰੈ॥		Jo Guradhaeo Th Baikunth Tharai ||	By the Grace of the Divine Guru, one swims across to heaven.	ਜੇ ਗੁਰੂ ਮਿਲ ਪਏ ਤਾਂ (ਇੱਥੋਂ) ਤਰ ਕੇ ਬੈਕੁੰਠ ਵਿਚ ਜਾ ਅੱਪੜਦਾ ਹੈ,
50206	1166	ਜਉ ਗੁਰਦੇਉ ਤ ਜੀਵਤ ਮਰੈ॥੧॥		Jo Guradhaeo Th Jeevath Marai ||1||	By the Grace of the Divine Guru, one remains dead while yet alive. ||1||	ਜੇ ਗੁਰੂ ਮਿਲ ਪਏ ਤਾਂ (ਦੁਨੀਆ ਵਿਚ) ਰਹਿੰਦੇ ਹੋਇਆਂ (ਵਿਕਾਰਾਂ ਵਲੋਂ ਉਸ ਦਾ ਮਨ) ਮਰਿਆ ਰਹਿੰਦਾ ਹੈ ॥੧॥
50207	1166	ਸਤਿ ਸਤਿ ਸਤਿ ਸਤਿ ਸਤਿ ਗੁਰਦੇਵ॥		Sath Sath Sath Sath Sath Guradhaev ||	True, True, True True, True is the Divine Guru.	ਇਹ ਯਕੀਨ ਜਾਣੋ ਕਿ ਗੁਰੂ ਦੀ ਸੇਵਾ ਹੀ ਸਦਾ-ਥਿਰ ਰਹਿਣ ਵਾਲਾ ਉੱਦਮ ਹੈ।
50208	1166	ਝੂਠੁ ਝੂਠੁ ਝੂਠੁ ਝੂਠੁ ਆਨ ਸਭ ਸੇਵ॥੧॥ਰਹਾਉ॥		Jhooth Jhooth Jhooth Jhooth Aan Sabh Saev ||1|| Rehaao ||	False, false, false, false is all other service. ||1||Pause||	ਹੋਰ ਸਭ (ਦੇਵਤਿਆਂ ਦੀ) ਸੇਵਾ-ਪੂਜਾ ਵਿਅਰਥ ਹੈ, ਵਿਅਰਥ ਹੈ, ਵਿਅਰਥ ਹੈ ॥੧॥ ਰਹਾਉ ॥
50209	1166	ਜਉ ਗੁਰਦੇਉ ਤ ਨਾਮੁ ਦ੍ਰਿੜਾਵੈ॥		Jo Guradhaeo Th Naam Dhrirraavai ||	When the Divine Guru grants His Grace, the Naam, the Name of the Lord, is implanted within.	ਜੇ ਗੁਰੂ ਮਿਲ ਪਏ ਤਾਂ ਉਹ ਨਾਮ ਜਪਣ ਦਾ ਸੁਭਾਉ ਪਕਾ ਦੇਂਦਾ ਹੈ,
50210	1166	ਜਉ ਗੁਰਦੇਉ ਨ ਦਹ ਦਿਸ ਧਾਵੈ॥		Jo Guradhaeo N Dheh Dhis Dhhaavai ||	When the Divine Guru grants His Grace, one does not wander in the ten directions.	ਜੇ ਗੁਰੂ ਮਿਲ ਪਏ ਤਾਂ (ਫਿਰ ਮਨ) ਦਸੀਂ ਪਾਸੀਂ ਦੌੜਦਾ ਨਹੀਂ,

50211	1166	ਜਉ ਗੁਰਦੇਉ ਪੰਚ ਤੇ ਦੂਰਿ॥		Jo Guradhaeo Panch Thae Dhoor ||	When the Divine Guru grants His Grace, the five demons are kept far away.	ਜੇ ਗੁਰੂ ਮਿਲ ਪਏ ਤਾਂ ਪੰਜ ਕਾਮਾਦਿਕਾਂ ਤੋਂ ਬਚਿਆ ਰਹਿੰਦਾ ਹੈ,
50212	1166	ਜਉ ਗੁਰਦੇਉ ਨ ਮਰਿਬੋ ਝੂਰਿ॥੨॥		Jo Guradhaeo N Maribo Jhoor ||2||	When the Divine Guru grants His Grace, one does not die regretting. ||2||	ਜੇ ਗੁਰੂ ਮਿਲ ਪਏ ਤਾਂ (ਚਿੰਤਾ ਫ਼ਿਕਰਾਂ ਵਿਚ) ਝੁਰ ਝੁਰ ਕੇ ਨਹੀਂ ਖਪਦਾ ॥੨॥
50213	1166	ਜਉ ਗੁਰਦੇਉ ਤ ਅੰਮ੍ਰਿਤ ਬਾਨੀ॥		Jo Guradhaeo Th Anmrith Baanee ||	When the Divine Guru grants His Grace, one is blessed with the Ambrosial Bani of the Word.	ਜੇ ਗੁਰੂ ਮਿਲ ਪਏ ਤਾਂ ਮਨੁੱਖ ਦੇ ਬੋਲ ਮਿੱਠੇ ਹੋ ਜਾਂਦੇ ਹਨ,
50214	1166	ਜਉ ਗੁਰਦੇਉ ਤ ਅਕਥ ਕਹਾਨੀ॥	ਅ-ਕਥ: ਪੋਲਾ ਬੋਲੋ	Jo Guradhaeo Th Akathh Kehaanee ||	When the Divine Guru grants His Grace, one speaks the Unspoken Speech.	ਜੇ ਗੁਰੂ ਮਿਲ ਪਏ ਤਾਂ ਅਕੱਥ ਪ੍ਰਭੂ ਦੀਆਂ ਗੱਲਾਂ ਕਰਨ ਲੱਗ ਪੈਂਦਾ ਹੈ,
50215	1166	ਜਉ ਗੁਰਦੇਉ ਤ ਅੰਮ੍ਰਿਤ ਦੇਹ॥		Jo Guradhaeo Th Anmrith Dhaeh ||	When the Divine Guru grants His Grace, one's body becomes like ambrosial nectar.	ਜੇ ਗੁਰੂ ਮਿਲ ਪਏ ਤਾਂ ਸਰੀਰ ਪਵਿੱਤਰ ਰਹਿੰਦਾ ਹੈ,

50216	1166	ਜਉ ਗੁਰਦੇਉ ਨਾਮੁ ਜਪਿ ਲੇਹਿ॥੩॥		Jo Guradhaeo Naam Jap Laehi ||3||	When the Divine Guru grants His Grace, one utters and chants the Naam, the Name of the Lord. ||3||	(ਕਿਉਂਕਿ) ਜੇ ਗੁਰੂ ਮਿਲ ਪਏ ਤਾਂ (ਇਹ ਸਦਾ) ਨਾਮ ਜਪਦਾ ਹੈ ॥੩॥
50217	1166	ਜਉ ਗੁਰਦੇਉ ਭਵਨ ਤ੍ਰੈ ਸੂਝੈ॥		Jo Guradhaeo Bhavan Thrai Soojhai ||	When the Divine Guru grants His Grace, one sees the three worlds.	ਜੇ ਗੁਰੂ ਮਿਲ ਪਏ ਤਾਂ ਮਨੁੱਖ ਨੂੰ ਤਿੰਨਾਂ ਭਵਨਾਂ ਦੀ ਸੂਝ ਹੋ ਜਾਂਦੀ ਹੈ (ਭਾਵ, ਇਹ ਸਮਝ ਆ ਜਾਂਦੀ ਹੈ ਕਿ ਪ੍ਰਭੂ ਤਿੰਨਾਂ ਭਵਨਾਂ ਵਿਚ ਹੀ ਮੌਜੂਦ ਹੈ),
50218	1166	ਜਉ ਗੁਰਦੇਉ ਊਚ ਪਦ ਬੂਝੈ॥		Jo Guradhaeo Ooch Padh Boojhai ||	When the Divine Guru grants His Grace, one understands the state of supreme dignity.	ਜੇ ਗੁਰੂ ਮਿਲ ਪਏ ਤਾਂ ਉੱਚੀ ਆਤਮਕ ਅਵਸਥਾ ਨਾਲ ਜਾਣ-ਪਛਾਣ ਹੋ ਜਾਂਦੀ ਹੈ,
50219	1166	ਜਉ ਗੁਰਦੇਉ ਤ ਸੀਸੁ ਅਕਾਸਿ॥		Jo Guradhaeo Th Sees Akaas ||	When the Divine Guru grants His Grace, one's head is in the Akaashic ethers.	ਜੇ ਗੁਰੂ ਮਿਲ ਪਏ ਤਾਂ ਮਨ ਪ੍ਰਭੂ-ਚਰਨਾਂ ਵਿਚ ਟਿਕਿਆ ਰਹਿੰਦਾ ਹੈ,
50220	1166	ਜਉ ਗੁਰਦੇਉ ਸਦਾ ਸਾਬਾਸਿ॥੪॥		Jo Guradhaeo Sadhaa Saabaas ||4||	When the Divine Guru grants His Grace, one is always congratulated everywhere. ||4||	ਜੇ ਗੁਰੂ ਮਿਲ ਪਏ ਤਾਂ (ਹਰ ਥਾਂ ਤੋਂ) ਸਦਾ ਸੋਭਾ ਮਿਲਦੀ ਹੈ ॥੪॥

50221	1166	ਜਉ ਗੁਰਦੇਉ ਸਦਾ ਬੈਰਾਗੀ॥		Jo Guradhaeo Sadhaa Bairaagee ||	When the Divine Guru grants His Grace, one remains detached forever.	ਜੇ ਗੁਰੂ ਮਿਲ ਪਏ ਤਾਂ ਮਨੁੱਖ (ਦੁਨੀਆ ਵਿਚ ਰਹਿੰਦਾ ਹੋਇਆ ਹੀ) ਸਦਾ ਵਿਰਕਤ ਰਹਿੰਦਾ ਹੈ,
50222	1166	ਜਉ ਗੁਰਦੇਉ ਪਰ ਨਿੰਦਾ ਤਿਆਗੀ॥		Jo Guradhaeo Par Nindhaa Thiaagee ||	When the Divine Guru grants His Grace, one forsakes the slander of others.	ਜੇ ਗੁਰੂ ਮਿਲ ਪਏ ਤਾਂ ਕਿਸੇ ਦੀ ਨਿੰਦਾ ਨਹੀਂ ਕਰਦਾ,
50223	1167	ਜਉ ਗੁਰਦੇਉ ਬੁਰਾ ਭਲਾ ਏਕ॥		Jo Guradhaeo Buraa Bhalaa Eaek ||	When the Divine Guru grants His Grace, one looks upon good and bad as the same.	ਜੇ ਗੁਰੂ ਮਿਲ ਪਏ ਤਾਂ ਚੰਗੇ ਮੰਦੇ ਸਭ ਨਾਲ ਪਿਆਰ ਕਰਦਾ ਹੈ।
50224	1167	ਜਉ ਗੁਰਦੇਉ ਲਿਲਾਟਹਿ ਲੇਖ॥੫॥	ਲਿਲਾਟ-ਹਿ	Jo Guradhaeo Lilaattehi Laekh ||5||	When the Divine Guru grants His Grace, one has good destiny written on his forehead. ||5||	ਗੁਰੂ ਦੇ ਮਿਲਿਆਂ ਹੀ ਮੱਥੇ ਦੇ ਚੰਗੇ ਲੇਖ ਉੱਘੜਦੇ ਹਨ ॥੫॥
50225	1167	ਜਉ ਗੁਰਦੇਉ ਕੰਧੁ ਨਹੀ ਹਿਰੈ॥		Jo Guradhaeo Kandhh Nehee Hirai ||	When the Divine Guru grants His Grace, the wall of the body is not eroded.	ਜੇ ਗੁਰੂ ਮਿਲ ਪਏ ਤਾਂ ਸਰੀਰ (ਵਿਕਾਰਾਂ ਵਿਚ ਪੈ ਕੇ) ਛਿੱਜਦਾ ਨਹੀਂ (ਭਾਵ, ਮਨੁੱਖ ਵਿਕਾਰਾਂ ਵਿਚ ਪ੍ਰਵਿਰਤ ਨਹੀਂ ਹੁੰਦਾ, ਤੇ ਨਾ ਹੀ ਉਸ ਦੀ ਸੱਤਿਆ ਵਿਅਰਥ ਜਾਂਦੀ ਹੈ);

50226	1167	ਜਉ ਗੁਰਦੇਉ ਦੇਹੁਰਾ ਫਿਰੈ॥		Jo Guradhaeo Dhaehuraa Firai ||	When the Divine Guru grants His Grace, the temple turns itself towards the mortal.	ਜੇ ਗੁਰੂ ਮਿਲ ਪਏ ਤਾਂ ਉੱਚੀ ਜਾਤ ਆਦਿਕ ਦੇ ਮਾਣ ਵਾਲੇ ਮਨੁੱਖ ਗੁਰੂ ਸ਼ਰਨ ਆਏ ਬੰਦੇ ਉੱਤੇ ਦਬਾਉ ਨਹੀਂ ਪਾ ਸਕਦੇ, ਜਿਵੇਂ ਕਿ ਉਹ ਦੇਹੁਰਾ ਨਾਮਦੇਵ ਵਲ ਪਰਤ ਗਿਆ ਸੀ ਜਿਸ ਵਿਚੋਂ ਉਸ ਨੂੰ ਧੱਕੇ ਪਏ ਸਨ;
50227	1167	ਜਉ ਗੁਰਦੇਉ ਤ ਛਾਪਰਿ ਛਾਈ॥		Jo Guradhaeo Th Shhaapar Shhaaee ||	When the Divine Guru grants His Grace, one's home is constructed.	ਗੁਰੂ ਦੀ ਸ਼ਰਨ ਪਏ ਗ਼ਰੀਬ ਨੂੰ ਰੱਬ ਆਪ ਬਹੁੜਦਾ ਹੈ ਜਿਵੇਂ ਕਿ ਨਾਮਦੇਵ ਦੀ ਕੁੱਲੀ ਬਣੀ ਸੀ;
50228	1167	ਜਉ ਗੁਰਦੇਉ ਸਿਹਜ ਨਿਕਸਾਈ॥੬॥		Jo Guradhaeo Sihaj Nikasaaee ||6||	When the Divine Guru grants His Grace, one's bed is lifted up out of the water. ||6||	ਜੇ ਗੁਰੂ ਮਿਲ ਪਏ ਤਾਂ ਰੱਬ ਆਪ ਸਹਾਈ ਹੁੰਦਾ ਹੈ ਜਿਵੇਂ ਕਿ ਬਾਦਸ਼ਾਹ ਦੇ ਡਰਾਵੇ ਦੇਣ ਤੇ ਮੰਜਾ ਦਰਿਆ ਵਿਚੋਂ ਕਢਾ ਦਿੱਤਾ ॥੬॥
50229	1167	ਜਉ ਗੁਰਦੇਉ ਤ ਅਠਸਠਿ ਨਾਇਆ॥	ਨ੍ਹਾਇਆ	Jo Guradhaeo Th Athasath Naaeiaa ||	When the Divine Guru grants His Grace, one has bathed at the sixty-eight sacred shrines of pilgrimage.	ਜੇ ਗੁਰੂ ਮਿਲ ਪਏ ਤਾਂ ਅਠਾਹਠ ਤੀਰਥਾਂ ਦਾ ਇਸ਼ਨਾਨ ਹੋ ਗਿਆ (ਜਾਣੋ),
50230	1167	ਜਉ ਗੁਰਦੇਉ ਤਨਿ ਚਕ੍ਰ ਲਗਾਇਆ॥		Jo Guradhaeo Than Chakr Lagaaeiaa ||	When the Divine Guru grants His Grace, one's body is stamped with the sacred mark of Vishnu.	ਜੇ ਗੁਰੂ ਮਿਲ ਪਏ ਤਾਂ ਸਰੀਰ ਉੱਤੇ ਚੱਕਰ ਲੱਗ ਗਏ ਸਮਝੋ (ਜਿਵੇਂ ਬੈਰਾਗੀ ਦੁਆਰਕਾ ਜਾ ਕੇ ਲਾਉਂਦੇ ਹਨ),

50231	1167	ਜਉ ਗੁਰਦੇਉ ਤ ਦੁਆਦਸ ਸੇਵਾ॥		Jo Guradhaeo Th Dhuaadhas Saevaa ||	When the Divine Guru grants His Grace, one has performed the twelve devotional services.	ਜੇ ਗੁਰੂ ਮਿਲ ਪਏ ਤਾਂ ਬਾਰਾਂ ਹੀ ਸ਼ਿਵ-ਲਿੰਗਾਂ ਦੀ ਪੂਜਾ ਹੋ ਗਈ ਜਾਣੋ;
50232	1167	ਜਉ ਗੁਰਦੇਉ ਸਭੈ ਬਿਖੁ ਮੇਵਾ॥੭॥		Jo Guradhaeo Sabhai Bikh Maevaa ||7||	When the Divine Guru grants His Grace, all poison is transformed into fruit. ||7||	ਜੇ ਗੁਰੂ ਮਿਲ ਪਏ ਤਾਂ ਉਸ ਮਨੁੱਖ ਲਈ ਸਾਰੇ ਜ਼ਹਿਰ ਭੀ ਮਿੱਠੇ ਫਲ ਬਣ ਜਾਂਦੇ ਹਨ ॥੭॥
50233	1167	ਜਉ ਗੁਰਦੇਉ ਤ ਸੰਸਾ ਟੂਟੈ॥		Jo Guradhaeo Th Sansaa Ttoottai ||	When the Divine Guru grants His Grace, skepticism is shattered.	ਜੇ ਗੁਰੂ ਮਿਲ ਪਏ ਤਾਂ ਦਿਲ ਦੇ ਸੰਸੇ ਮਿਟ ਜਾਂਦੇ ਹਨ,
50234	1167	ਜਉ ਗੁਰਦੇਉ ਤ ਜਮ ਤੇ ਛੂਟੈ॥		Jo Guradhaeo Th Jam Thae Shhoottai ||	When the Divine Guru grants His Grace, one escapes from the Messenger of Death.	ਜੇ ਗੁਰੂ ਮਿਲ ਪਏ ਤਾਂ ਜਮਾਂ ਤੋਂ (ਹੀ) ਖ਼ਲਾਸੀ ਹੋ ਜਾਂਦੀ ਹੈ,
50235	1167	ਜਉ ਗੁਰਦੇਉ ਤ ਭਉਜਲ ਤਰੈ॥		Jo Guradhaeo Th Bhoujal Tharai ||	When the Divine Guru grants His Grace, one crosses over the terrifying world-ocean.	ਜੇ ਗੁਰੂ ਮਿਲ ਪਏ ਤਾਂ ਸੰਸਾਰ-ਸਮੁੰਦਰ ਤੋਂ ਮਨੁੱਖ ਪਾਰ ਲੰਘ ਜਾਂਦਾ ਹੈ,

50236	1167	ਜਉ ਗੁਰਦੇਉ ਤ ਜਨਮਿ ਨ ਮਰੈ॥੮॥		Jo Guradhaeo Th Janam N Marai ||8||	When the Divine Guru grants His Grace, one is not subject to the cycle of reincarnation. ||8||	ਜੇ ਗੁਰੂ ਮਿਲ ਪਏ ਤਾਂ ਜਨਮ ਮਰਨ ਤੋਂ ਬਚ ਜਾਂਦਾ ਹੈ ॥੮॥
50237	1167	ਜਉ ਗੁਰਦੇਉ ਅਠਦਸ ਬਿਉਹਾਰ॥		Jo Guradhaeo Athadhas Biouhaar ||	When the Divine Guru grants His Grace, one understands the rituals of the eighteen Puraanas.	ਜੇ ਗੁਰੂ ਮਿਲ ਪਏ ਤਾਂ ਅਠਾਰਾਂ ਸਿੰਮ੍ਰਿਤੀਆਂ ਦੇ ਦੱਸੇ ਕਰਮ-ਕਾਂਡ ਦੀ ਲੋੜ ਨਹੀਂ ਰਹਿ ਜਾਂਦੀ,
50238	1167	ਜਉ ਗੁਰਦੇਉ ਅਠਾਰਹ ਭਾਰ॥		Jo Guradhaeo Athaareh Bhaar ||	When the Divine Guru grants His Grace, it is as if one has made an offering of the eighten loads of vegetation.	ਜੇ ਗੁਰੂ ਮਿਲ ਪਏ ਤਾਂ ਸਾਰੀ ਬਨਸਪਤੀ ਹੀ (ਪ੍ਰਭੂ-ਦੇਵ ਦੀ ਨਿੱਤ ਭੇਟ ਹੁੰਦੀ ਦਿੱਸ ਪੈਂਦੀ ਹੈ)।
50239	1167	ਬਿਨੁ ਗੁਰਦੇਉ ਅਵਰ ਨਹੀ ਜਾਈ॥		Bin Guradhaeo Avar Nehee Jaaee ||	When the Divine Guru grants His Grace, one needs no other place of rest.	ਜੇ ਗੁਰੂ ਮਿਲ ਪਏ ਤਾਂ ਸਤਿਗੁਰੂ ਤੋਂ ਬਿਨਾ ਹੋਰ ਕੋਈ ਥਾਂ ਨਹੀਂ (ਜਿੱਥੇ ਮਨੁੱਖ ਜੀਵਨ ਦਾ ਸਹੀ ਰਸਤਾ ਲੱਭ ਸਕੇ),
50240	1167	ਨਾਮਦੇਉ ਗੁਰ ਕੀ ਸਰਣਾਈ॥੯॥੧॥੨॥੧੧॥		Naamadhaeo Gur Kee Saranaaee ||9||1||2||11||	Naam Dayv has entered the Sanctuary of the Guru. ||9||1||2||11||	ਨਾਮਦੇਵ (ਹੋਰ ਸਭ ਆਸਰੇ-ਪਰਨੇ ਛੱਡ ਕੇ) ਗੁਰੂ ਦੀ ਸ਼ਰਨ ਪਿਆ ਹੈ ॥੯॥੧॥੨॥੧੧॥

50241	1167	ਭੈਰਉ ਬਾਣੀ ਰਵਿਦਾਸ ਜੀਉ ਕੀ ਘਰੁ ੨		Bhairo Baanee Ravidhaas Jeeo Kee Ghar 2	Bhairao, The Word Of Ravi Daas Jee, Second House:	ਰਾਗ ਭੈਰਉ, ਘਰ ੨ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ।
50242	1167	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
50243	1167	ਬਿਨੁ ਦੇਖੇ ਉਪਜੈ ਨਹੀ ਆਸਾ॥		Bin Dhaekhae Oupajai Nehee Aasaa ||	Without seeing something, the yearning for it does not arise.	ਉਸ (ਪ੍ਰਭੂ) ਨੂੰ ਵੇਖਣ ਤੋਂ ਬਿਨਾ (ਉਸ ਨੂੰ ਮਿਲਣ ਦੀ) ਤਾਂਘ ਪੈਦਾ ਨਹੀਂ ਹੁੰਦੀ, (ਇਸ ਦਿੱਸਦੇ ਸੰਸਾਰ ਨਾਲ ਹੀ ਮੋਹ ਬਣਿਆ ਰਹਿੰਦਾ ਹੈ)
50244	1167	ਜੋ ਦੀਸੈ ਸੋ ਹੋਇ ਬਿਨਾਸਾ॥		Jo Dheesai So Hoe Binaasaa ||	Whatever is seen, shall pass away.	ਤੇ, ਇਹ ਜੋ ਕੁਝ ਦਿੱਸਦਾ ਹੈ ਇਹ ਸਭ ਨਾਸ ਹੋ ਜਾਣ ਵਾਲਾ ਹੈ।
50245	1167	ਬਰਨ ਸਹਿਤ ਜੋ ਜਾਪੈ ਨਾਮੁ॥	(ਨਾਮੁ) ਬਰਨ ਰੰਗ ਸਹਿਤ ਭਾਵ ਨਾਮ ਰੂਪ ਹੋ ਕੇ। (ਬਰਨ) ਅੱਖਰਾਂ ਸਹਿਤ ਪੂਰੀ ਲਗਾਂ ਲਾ ਕੇ ਜੋ (ਨਾਮੁ) ਗੁਰਬਾਣੀ ਗੁਰੂ ਜੀ ਨੂੰ ਜਪਦੇ ਹਨ	Baran Sehith Jo Jaapai Naam ||	Whoever chants and praises the Naam, the Name of the Lord,	ਜੋ ਮਨੁੱਖ ਪ੍ਰਭੂ ਦੇ ਗੁਣ ਗਾਂਦਾ ਹੈ, ਤੇ, ਪ੍ਰਭੂ ਦਾ ਨਾਮ ਜਪਦਾ ਹੈ,
50246	1167	ਸੋ ਜੋਗੀ ਕੇਵਲ ਨਿਹਕਾਮੁ॥੧॥		So Jogee Kaeval Nihakaam ||1||	Is the true Yogi, free of desire. ||1||	ਸਿਰਫ਼ ਉਹੀ ਅਸਲ ਜੋਗੀ ਹੈ ਤੇ ਉਹ ਕਾਮਨਾ-ਰਹਿਤ ਹੋ ਜਾਂਦਾ ਹੈ ॥੧॥

50247	1167	ਪਰਚੈ ਰਾਮੁ ਰਵੈ ਜਉ ਕੋਈ॥		Parachai Raam Ravai Jo Koee ||	When someone utters the Name of the Lord with love,	ਜਦੋਂ ਕੋਈ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ ਤਾਂ ਉਸ ਦਾ ਮਨ ਪ੍ਰਭੂ ਵਿਚ ਪਰਚ ਜਾਂਦਾ ਹੈ।
50248	1167	ਪਾਰਸੁ ਪਰਸੈ ਦੁਬਿਧਾ ਨ ਹੋਈ॥੧॥ਰਹਾਉ॥		Paaras Parasai Dhubidhhaa N Hoee ||1|| Rehaao ||	It is as if he has touched the philosopher's stone; his sense of duality is eradicated. ||1||Pause||	ਜਦੋਂ ਪਾਰਸ-ਪ੍ਰਭੂ ਨੂੰ ਉਹ ਛੂੰਹਦਾ ਹੈ (ਉਹ, ਮਾਨੋ, ਸੋਨਾ ਹੋ ਜਾਂਦਾ ਹੈ), ਤੇ, ਉਸ ਦੀ ਮੇਰ-ਤੇਰ ਮੁੱਕ ਜਾਂਦੀ ਹੈ ॥੧॥ ਰਹਾਉ ॥
50249	1167	ਸੋ ਮੁਨਿ ਮਨ ਕੀ ਦੁਬਿਧਾ ਖਾਇ॥		So Mun Man Kee Dhubidhhaa Khaae ||	He alone is a silent sage, who destroys the duality of his mind.	(ਨਾਮ ਸਿਮਰਨ ਵਾਲਾ) ਉਹ ਮਨੁੱਖ (ਅਸਲ) ਰਿਸ਼ੀ ਹੈ, ਉਹ (ਨਾਮ ਦੀ ਬਰਕਤਿ ਨਾਲ) ਆਪਣੇ ਮਨ ਦੀ ਮੇਰ-ਤੇਰ ਮਿਟਾ ਲੈਂਦਾ ਹੈ,
50250	1167	ਬਿਨੁ ਦੁਆਰੇ ਤ੍ਰੈ ਲੋਕ ਸਮਾਇ॥		Bin Dhuaarae Thrai Lok Samaae ||	Keeping the doors of his body closed, he merges in the Lord of the three worlds.	ਤੇ, ਤਿੰਨਾਂ ਲੋਕਾਂ ਵਿਚ ਵਿਆਪਕ ਉਸ ਪ੍ਰਭੂ ਵਿਚ ਸਮਾਇਆ ਰਹਿੰਦਾ ਹੈ ਜਿਸ ਦਾ ਦਸ ਦੁਆਰਿਆਂ ਵਾਲਾ ਕੋਈ ਖ਼ਾਸ ਸਰੀਰ ਨਹੀਂ ਹੈ।
50251	1167	ਮਨ ਕਾ ਸੁਭਾਉ ਸਭੁ ਕੋਈ ਕਰੈ॥		Man Kaa Subhaao Sabh Koee Karai ||	Everyone acts according to the inclinations of the mind.	(ਜਗਤ ਵਿਚ) ਹਰੇਕ ਮਨੁੱਖ ਆਪੋ ਆਪਣੇ ਮਨ ਦਾ ਸੁਭਾਉ ਵਰਤਦਾ ਹੈ,

50252	1167	ਕਰਤਾ ਹੋਇ ਸੁ ਅਨਭੈ ਰਹੈ॥੨॥	ਅਨ-ਭੈ	Karathaa Hoe S Anabhai Rehai ||2||	Attuned to the Creator Lord, one remains free of fear. ||2||	(ਆਪਣੇ ਮਨ ਦੇ ਪਿੱਛੇ ਤੁਰਦਾ ਹੈ; ਪਰ ਨਾਮ ਸਿਮਰਨ ਵਾਲਾ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਨ ਦੇ ਥਾਂ, ਨਾਮ ਦੀ ਬਰਕਤਿ ਨਾਲ) ਕਰਤਾਰ ਦਾ ਰੂਪ ਹੋ ਜਾਂਦਾ ਹੈ, ਤੇ, ਉਸ ਅਵਸਥਾ ਵਿਚ ਟਿਕਿਆ ਰਹਿੰਦਾ ਹੈ ਜਿੱਥੇ ਕੋਈ ਡਰ ਭਉ ਨਹੀਂ ॥੨॥
50253	1167	ਫਲ ਕਾਰਨ ਫੂਲੀ ਬਨਰਾਇ॥		Fal Kaaran Foolee Banaraae ||	Plants blossom forth to produce fruit.	(ਜਗਤ ਦੀ ਸਾਰੀ) ਬਨਸਪਤੀ ਫਲ ਦੇਣ ਦੀ ਖ਼ਾਤਰ ਖਿੜਦੀ ਹੈ;
50254	1167	ਫਲੁ ਲਾਗਾ ਤਬ ਫੂਲੁ ਬਿਲਾਇ॥		Fal Laagaa Thab Fool Bilaae ||	When the fruit is produced, the flowers wither away.	ਜਦੋਂ ਫਲ ਲੱਗਦਾ ਹੈ ਫੁੱਲ ਦੂਰ ਹੋ ਜਾਂਦਾ ਹੈ।
50255	1167	ਗਿਆਨੈ ਕਾਰਨ ਕਰਮ ਅਭਿਆਸੁ॥		Giaanai Kaaran Karam Abhiaas ||	For the sake of spiritual wisdom, people act and practice rituals.	ਇਸੇ ਤਰ੍ਹਾਂ ਦੁਨੀਆ ਦੀ ਰੋਜ਼ਾਨਾ ਕਿਰਤ-ਕਾਰ ਗਿਆਨ ਦੀ ਖ਼ਾਤਰ ਹੈ (ਪ੍ਰਭੂ ਵਿਚ ਪਰਚਣ ਲਈ ਹੈ, ਉੱਚ-ਜੀਵਨ ਦੀ ਸੂਝ ਲਈ ਹੈ),
50256	1167	ਗਿਆਨੁ ਭਇਆ ਤਹ ਕਰਮਹ ਨਾਸੁ॥੩॥	ਪਿਛਲੇ ਕੀਤੇ ਕਰਮ ਭੋਗ ਰਿਹਾ ਹੈ, ਗੁਰ ਗਿਆਨ ਹੋਇਆ ਤਿੱਥੇ ਹੰਗਤਾ ਦੇ ਕਰਮ ਨਾਸ ਹੋ ਗਏ, ਕਰਤਾਰ ਜੀ ਚ ਲੀਣ ਹੋ ਗਏ	Giaan Bhaeiaa Theh Karameh Naas ||3||	When spiritual wisdom wells up, then actions are left behind. ||3||	ਜਦੋਂ ਉੱਚ-ਜੀਵਨ ਦੀ ਸੂਝ ਪੈਦਾ ਹੋ ਜਾਂਦੀ ਹੈ ਤਾਂ ਉਸ ਅਵਸਥਾ ਵਿਚ ਅੱਪੜ ਕੇ ਕਿਰਤ-ਕਾਰ ਦਾ (ਮਾਇਕ ਉੱਦਮਾਂ ਦਾ) ਮੋਹ ਮਿਟ ਜਾਂਦਾ ਹੈ ॥੩॥

50257	1167	ਘ੍ਰਿਤ ਕਾਰਨ ਦਧਿ ਮਥੈ ਸਇਆਨ॥	(ਦੱਧਿ) ਦਹੀਂ। ਮਥੈ: ਪੋਲਾ ਬੋਲੋ।ਸ-ਇਆਨ	Ghrith Kaaran Dhadhh Mathhai Saeiaan ||	For the sake of ghee, wise people churn milk.	ਸਿਆਣੀ ਇਸਤ੍ਰੀ ਘਿਉ ਦੀ ਖ਼ਾਤਰ ਦਹੀਂ ਰਿੜਕਦੀ ਹੈ,
50258	1167	ਜੀਵਤ ਮੁਕਤ ਸਦਾ ਨਿਰਬਾਨ॥		Jeevath Mukath Sadhaa Nirabaan ||	Those who are Jivan-mukta, liberated while yet alive - are forever in the state of Nirvaanaa.	(ਤਿਵੇਂ ਜੋ ਮਨੁੱਖ ਨਾਮ ਜਪ ਕੇ ਪ੍ਰਭੂ-ਚਰਨਾਂ ਵਿਚ ਪਰਚਦਾ ਹੈ ਉਹ ਜਾਣਦਾ ਹੈ ਕਿ ਦੁਨੀਆ ਦਾ ਜੀਵਨ-ਨਿਰਬਾਹ, ਦੁਨੀਆ ਦੀ ਕਿਰਤ-ਕਾਰ ਪ੍ਰਭੂ-ਚਰਨਾਂ ਵਿਚ ਜੁੜਨ ਵਾਸਤੇ ਹੀ ਹੈ। ਸੋ, ਉਹ ਮਨੁੱਖ ਨਾਮ ਦੀ ਬਰਕਤਿ ਨਾਲ) ਮਾਇਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਮੁਕਤ ਹੁੰਦਾ ਹੈ ਤੇ ਸਦਾ ਵਾਸ਼ਨਾ-ਰਹਿਤ ਰਹਿੰਦਾ ਹੈ।
50259	1167	ਕਹਿ ਰਵਿਦਾਸ ਪਰਮ ਬੈਰਾਗ॥		Kehi Ravidhaas Param Bairaag ||	Says Ravi Daas, O you unfortunate people,	ਰਵਿਦਾਸ ਇਹ ਸਭ ਤੋਂ ਉੱਚੇ ਵੈਰਾਗ (ਦੀ ਪ੍ਰਾਪਤੀ) ਦੀ ਗੱਲ ਦੱਸਦਾ ਹੈ;
50260	1167	ਰਿਦੈ ਰਾਮੁ ਕੀ ਨ ਜਪਸਿ ਅਭਾਗ ॥੪॥੧॥		Ridhai Raam Kee N Japas Abhaag ||4||1||	Why not meditate on the Lord with love in your heart? ||4||1||	ਹੇ ਭਾਗ-ਹੀਣ! ਪ੍ਰਭੂ ਤੇਰੇ ਹਿਰਦੇ ਵਿਚ ਹੀ ਹੈ, ਤੂੰ ਉਸ ਨੂੰ ਕਿਉਂ ਨਹੀਂ ਯਾਦ ਕਰਦਾ? ॥੪॥੧॥
50261	1167	ਨਾਮਦੇਵ॥		Naamadhaev ||	Naam Dayv:	
50262	1167	ਆਉ ਕਲੰਦਰ ਕੇਸਵਾ॥	(ਕਲੰਦਰ) ਮਸਤ, ਵੇਪਰਵਾਹ	Aao Kalandhar Kaesavaa ||	Come, O Lord of beautiful hair,	ਹੇ (ਸੁਹਣੀਆਂ ਜ਼ੁਲਫ਼ਾਂ ਵਾਲੇ) ਕਲੰਦਰ-ਪ੍ਰਭੂ! ਹੇ ਸੁਹਣੇ ਕੇਸਾਂ ਵਾਲੇ ਪ੍ਰਭੂ!

50263	1167	ਕਰਿ ਅਬਦਾਲੀ ਭੇਸਵਾ॥ਰਹਾਉ॥		Kar Abadhaalee Bhaesavaa || Rehaao ||	Wearing the robes of a Sufi Saint. ||Pause||	ਤੂੰ ਅਬਦਾਲੀ ਫ਼ਕੀਰਾਂ ਦਾ ਪਹਿਰਾਵਾ ਪਾ ਕੇ (ਆਇਆ ਹੈਂ); ਜੀ ਆਇਆਂ ਨੂੰ (ਆ, ਮੇਰੇ ਹਿਰਦੇ-ਮਸੀਤ ਵਿਚ ਆ ਬੈਠ) ॥ ਰਹਾਉ॥
50264	1167	ਜਿਨਿ ਆਕਾਸ ਕੁਲਹ ਸਿਰਿ ਕੀਨੀ ਕਉਸੈ ਸਪਤ ਪਯਾਲਾ॥	(ਕੁਲਹ) ਟੋਪੀ। (ਕਉਸੈ) ਖੜਾਵਾਂ। ਕੁੱਲਹ: ਪਯਾਲਾ ਯਾ ਤਾਲ੍ਹੂ ਤੋਂ ਬੋਲੋ	Jin Aakaas Kuleh Sir Keenee Kousai Sapath Payaalaa ||	Your cap is the realm of the Akaashic ethers; the seven nether worlds are Your sandals.	(ਹੇ ਕਲੰਦਰ! ਹੇ ਕੇਸ਼ਵ! ਤੂੰ ਆ, ਤੂੰ) ਜਿਸ ਨੇ (ਸੱਤ) ਅਸਮਾਨਾਂ ਨੂੰ ਕੁੱਲਾ (ਬਣਾ ਕੇ ਆਪਣੇ) ਸਿਰ ਉੱਤੇ ਪਾਇਆ ਹੋਇਆ ਹੈ, ਜਿਸ ਨੇ ਸੱਤ ਪਤਾਲਾਂ ਨੂੰ ਆਪਣੀਆਂ ਖੜਾਵਾਂ ਬਣਾਇਆ ਹੋਇਆ ਹੈ।
50265	1167	ਚਮਰ ਪੋਸ ਕਾ ਮੰਦਰੁ ਤੇਰਾ ਇਹ ਬਿਧਿ ਬਨੇ ਗੁਪਾਲਾ॥੧॥	(ਚਮਰ) ਚਮੜੇ ਦੇ (ਪੋਸ) ਪੁਸ਼ਾਕੇ ਵਾਲਾ ਸ੍ਰੀਰ, ਆਪ ਜੀ ਦਾ ਮੰਦਰੁ	Chamar Pos Kaa Mandhar Thaeraa Eih Bidhh Banae Gupaalaa ||1||	The body covered with skin is Your temple; You are so beautiful, O Lord of the World. ||1||	ਹੇ ਕਲੰਦਰ-ਪ੍ਰਭੂ! ਸਾਰੇ ਜੀਆ-ਜੰਤ ਤੇਰੇ ਵੱਸਣ ਲਈ ਘਰ ਹਨ। ਹੇ ਧਰਤੀ ਦੇ ਰੱਖਿਅਕ! ਤੂੰ ਇਸ ਤਰ੍ਹਾਂ ਦਾ ਬਣਿਆ ਹੋਇਆ ਹੈਂ ॥੧॥
50266	1167	ਛਪਨ ਕੋਟਿ ਕਾ ਪੇਹਨੁ ਤੇਰਾ ਸੋਲਹ ਸਹਸ ਇਜਾਰਾ॥	(ਪੇਹਨੁ) ਚੋਲਾ। (ਇਜਾਰਾ) ਪਜਾਮਾ।ਛੱਪਨ	Shhapan Kott Kaa Paehan Thaeraa Soleh Sehas Eijaaraa ||	The fifty-six million clouds are Your gowns, the 16,000 milkmaids are your skirts.	(ਹੇ ਕਲੰਦਰ-ਪ੍ਰਭੂ!) ਛਪੰਜਾ ਕਰੋੜ (ਮੇਘ ਮਾਲਾ) ਤੇਰਾ ਚੋਗ਼ਾ ਹੈ, ਸੋਲਾਂ ਹਜ਼ਾਰ ਆਲਮ ਤੇਰਾ ਤੰਬਾ ਹੈ;
50267	1167	ਭਾਰ ਅਠਾਰਹ ਮੁਦਗਰੁ ਤੇਰਾ ਸਹਨਕ ਸਭ ਸੰਸਾਰਾ॥੨॥		Bhaar Athaareh Mudhagar Thaeraa Sehanak Sabh Sansaaraa ||2||	The eighteen loads of vegetation is Your stick, and all the world is Your plate. ||2||	ਹੇ ਕੇਸ਼ਵ! ਸਾਰੀ ਬਨਸਪਤੀ ਤੇਰਾ ਸਲੋਤਰ ਹੈ, ਤੇ ਸਾਰਾ ਸੰਸਾਰ ਤੇਰੀ ਸਹਣਕੀ (ਮਿੱਟੀ ਦੀ ਰਕੇਬੀ) ਹੈ ॥੨॥

50268	1167	ਦੇਹੀ ਮਹਜਿਦਿ ਮਨੁ ਮਉਲਾਨਾ ਸਹਜ ਨਿਵਾਜ ਗੁਜਾਰੈ॥	(ਮਹਜਿਦਿ) ਮਸੀਤ	Dhaehee Mehajidh Man Moulaanaa Sehaj Nivaaj Gujaarai ||	The human body is the mosque, and the mind is the priest, who peacefully leads the prayer.	(ਹੇ ਕਲੰਦਰ-ਪ੍ਰਭੂ! ਆ, ਮੇਰੀ ਮਸੀਤੇ ਆ) ਮੇਰਾ ਸਰੀਰ (ਤੇਰੇ ਲਈ) ਮਸੀਤ ਹੈ, ਮੇਰਾ ਮਨ (ਤੇਰੇ ਨਾਮ ਦੀ ਬਾਂਗ ਦੇਣ ਵਾਲਾ) ਮੁੱਲਾਂ ਹੈ, ਤੇ (ਤੇਰੇ ਚਰਨਾਂ ਵਿਚ ਜੁੜਿਆ ਰਹਿ ਕੇ) ਅਡੋਲਤਾ ਦੀ ਨਿਮਾਜ਼ ਪੜ੍ਹ ਰਿਹਾ ਹੈ।
50269	1167	ਬੀਬੀ ਕਉਲਾ ਸਉ ਕਾਇਨੁ ਤੇਰਾ ਨਿਰੰਕਾਰ ਆਕਾਰੈ॥੩॥	(ਸਉ) ਸਾਥ (ਕਾਇਨੁ) ਨਿਕਾਹ, ਖ਼ੇਲਣਾ। ਬੀ-ਬੀ	Beebee Koulaa So Kaaein Thaeraa Nirankaar Aakaarai ||3||	You are married to Maya, O Formless Lord, and so You have taken form. ||3||	ਹੇ ਸਾਰੇ ਜਗਤ ਦੇ ਮਾਲਕ ਨਿਰੰਕਾਰ! ਬੀਬੀ ਲੱਛਮੀ ਨਾਲ ਤੇਰਾ ਵਿਆਹ ਹੋਇਆ ਹੈ (ਭਾਵ, ਇਹ ਸਾਰੀ ਮਾਇਆ ਤੇਰੇ ਚਰਨਾਂ ਦੀ ਹੀ ਦਾਸੀ ਹੈ) ॥੩॥
50270	1167	ਭਗਤਿ ਕਰਤ ਮੇਰੇ ਤਾਲ ਛਿਨਾਏ ਕਿਹ ਪਹਿ ਕਰਉ ਪੁਕਾਰਾ॥		Bhagath Karath Maerae Thaal Shhinaaeae Kih Pehi Karo Pukaaraa ||	Performing devotional worship services to You, my cymbals were taken away; unto whom should I complain?	(ਹੇ ਕਲੰਦਰ-ਪ੍ਰਭੂ!) ਮੈਨੂੰ ਭਗਤੀ ਕਰਦੇ ਨੂੰ ਤੂੰ ਹੀ ਮੰਦਰ ਵਿਚੋਂ ਕਢਾਇਆ, (ਤੈਨੂੰ ਛੱਡ ਕੇ ਮੈਂ ਹੋਰ) ਕਿਸ ਅੱਗੇ ਦਿਲ ਦੀਆਂ ਗੱਲਾਂ ਕਰਾਂ?
50271	1167	ਨਾਮੇ ਕਾ ਸੁਆਮੀ ਅੰਤਰਜਾਮੀ ਫਿਰੇ ਸਗਲ ਬੇਦੇਸਵਾ॥੪॥੧॥	(ਬੇਦੇਸਵਾ) ਦੇਸ ਪ੍ਰਦੇਸ ਚ	Naamae Kaa Suaamee Antharajaamee Firae Sagal Baedhaesavaa ||4||1||	Naam Dayv's Lord and Master, the Inner-knower, the Searcher of hearts, wanders everywhere; He has no specific home. ||4||1||	ਨਾਮਦੇਵ ਦਾ ਮਾਲਕ-ਪਰਮਾਤਮਾ ਹਰੇਕ ਜੀਵ ਦੇ ਅੰਦਰ ਦੀ ਜਾਣਨ ਵਾਲਾ ਹੈ, ਤੇ ਸਾਰੇ ਦੇਸਾਂ ਵਿਚ ਵਿਆਪਕ ਹੈ ॥੪॥੧॥

50272	1168	ਰਾਗੁ ਬਸੰਤੁ ਮਹਲਾ ੧ ਘਰੁ ੧ ਚਉਪਦੇ ਦੁਤੁਕੇ		Raag Basanth Mehalaa 1 Ghar 1 Choupadhae Dhuthukae	Raag Basant, First Mehl, First House, Chau-Padas, Du-Tukas:	ਰਾਗ ਬਸੰਤੁ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਚਾਰ-ਬੰਦਾਂ ਵਾਲੀ ਦੋ-ਤੁਕੀ ਬਾਣੀ।
50273	1168	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
50274	1168	ਮਾਹਾ ਮਾਹ ਮੁਮਾਰਖੀ ਚੜਿਆ ਸਦਾ ਬਸੰਤੁ॥	ਚੜ੍ਹਿਆ	Maahaa Maah Mumaarakhee Charriaa Sadhaa Basanth ||	Among the months, blessed is this month, when spring always comes.	(ਹੇ ਮਨ! ਜੇ ਤੂੰ ਹਉਮੈ ਵਾਲੀ ਬ੍ਰਿਤੀ ਭੁਲਾ ਦੇਵੇਂ ਤਾਂ ਤੇਰੇ ਅੰਦਰ) ਵਡੀਆਂ ਵਡੀਆਂ ਵਧਾਈਆਂ (ਬਣ ਜਾਣ, ਤੇਰੇ ਅੰਦਰ ਸਦਾ ਚੜ੍ਹਦੀ ਕਲਾ ਟਿਕੀ ਰਹੇ, ਕਿਉਂਕਿ ਤੇਰੇ ਅੰਦਰ) ਸਦਾ ਖਿੜੇ ਰਹਿਣ ਵਾਲਾ ਪਰਮਾਤਮਾ ਪਰਗਟ ਹੋ ਪਏ।

50275	1168	ਪਰਫੜੁ ਚਿਤ ਸਮਾਲਿ ਸੋਇ ਸਦਾ ਸਦਾ ਗੋਬਿੰਦੁ॥੧॥	(ਪਰ-ਫਵ੍ਹ) ਪ੍ਰਫੁੱਲਤ ਕਰਨ ਵਾਲੇ	Parafarr Chith Samaal Soe Sadhaa Sadhaa Gobindh ||1||	Blossom forth, O my consciousness, contemplating the Lord of the Universe, forever and ever. ||1||	ਹੇ ਮੇਰੇ ਚਿੱਤ! ਸ੍ਰਿਸ਼ਟੀ ਦੀ ਸਾਰ ਲੈਣ ਵਾਲੇ ਪ੍ਰਭੂ ਨੂੰ ਤੂੰ ਸਦਾ (ਆਪਣੇ ਅੰਦਰ) ਸਾਂਭ ਰੱਖ ਤੇ (ਇਸ ਦੀ ਬਰਕਤਿ ਨਾਲ) ਖਿੜਿਆ ਰਹੁ ॥੧॥
50276	1168	ਭੋਲਿਆ ਹਉਮੈ ਸੁਰਤਿ ਵਿਸਾਰਿ॥		Bholiaa Houmai Surath Visaar ||	O ignorant one, forget your egotistical intellect.	ਹੇ ਕਮਲੇ ਮਨ! ਮੈਂ ਮੈਂ ਕਰਨ ਵਾਲੀ ਬ੍ਰਿਤੀ ਭੁਲਾ ਦੇ।
50277	1168	ਹਉਮੈ ਮਾਰਿ ਬੀਚਾਰਿ ਮਨ ਗੁਣ ਵਿਚਿ ਗੁਣੁ ਲੈ ਸਾਰਿ॥੧॥ਰਹਾਉ॥		Houmai Maar Beechaar Man Gun Vich Gun Lai Saar ||1|| Rehaao ||	Subdue your ego, and contemplate Him in your mind; gather in the virtues of the Sublime, Virtuous Lord. ||1||Pause||	ਹੇ ਮਨ! ਹੋਸ਼ ਕਰ, ਹਉਮੈ ਨੂੰ (ਆਪਣੇ ਅੰਦਰੋਂ) ਮੁਕਾ ਦੇ। (ਹਉਮੈ ਨੂੰ ਮੁਕਾਣ ਵਾਲਾ ਇਹ) ਸਭ ਤੋਂ ਸ੍ਰੇਸ਼ਟ ਗੁਣ (ਆਪਣੇ ਅੰਦਰ) ਸੰਭਾਲ ਲੈ ॥੧॥ ਰਹਾਉ ॥
50278	1168	ਕਰਮ ਪੇਡੁ ਸਾਖਾ ਹਰੀ ਧਰਮੁ ਫੁਲੁ ਫਲੁ ਗਿਆਨੁ॥		Karam Paedd Saakhaa Haree Dhharam Ful Fal Giaan ||	Karma is the tree, the Lord's Name the branches, Dharmic faith the flowers, and spiritual wisdom the fruit.	(ਹੇ ਮਨ! ਜੇ ਤੂੰ ਹਉਮੈ ਭੁਲਾਣ ਵਾਲੇ ਰੋਜ਼ਾਨਾ) ਕੰਮ (ਕਰਨ ਲੱਗ ਪਏਂ, ਇਹ ਤੇਰੇ ਅੰਦਰ ਇਕ ਐਸਾ) ਰੁੱਖ (ਉੱਗ ਪਏਗਾ, ਜਿਸ ਨੂੰ) ਹਰਿ-ਨਾਮ (ਸਿਮਰਨ) ਦੀਆਂ ਟਹਣੀਆਂ (ਫੁੱਟਣਗੀਆਂ, ਜਿਸ ਨੂੰ) ਧਾਰਮਿਕ ਜੀਵਨ ਫੁੱਲ (ਲੱਗੇਗਾ ਤੇ ਪ੍ਰਭੂ ਨਾਲ) ਡੂੰਘੀ ਜਾਣ-ਪਛਾਣ ਫਲ (ਲੱਗੇਗਾ)।

50279	1168	ਪਤ ਪਰਾਪਤਿ ਛਾਵ ਘਣੀ ਚੂਕਾ ਮਨ ਅਭਿਮਾਨੁ॥੨॥		Path Paraapath Shhaav Ghanee Chookaa Man Abhimaan ||2||	Realization of the Lord are the leaves, and eradication of the pride of the mind is the shade. ||2||	ਪਰਮਾਤਮਾ ਦੀ ਪਰਾਪਤੀ (ਉਸ ਰੁੱਖ ਦੇ) ਪੱਤਰ (ਹੋਣਗੇ, ਤੇ) ਨਿਰਮਾਣਤਾ (ਉਸ ਰੁੱਖ ਦੀ) ਸੰਘਣੀ ਛਾਂ ਹੋਵੇਗੀ ॥੨॥
50280	1168	ਅਖੀ ਕੁਦਰਤਿ ਕੰਨੀ ਬਾਣੀ ਮੁਖਿ ਆਖਣੁ ਸਚੁ ਨਾਮੁ॥	ਅੱਖੀਂ। ਕੰਨੀਂ	Akhee Kudharath Kannee Baanee Mukh Aakhan Sach Naam ||	Whoever sees the Lord's Creative Power with his eyes, and hears the Guru's Bani with his ears, and utters the True Name with his mouth,	(ਜੇਹੜਾ ਭੀ ਮਨੁੱਖ ਹਉਮੈ ਨੂੰ ਭੁਲਾਣ ਵਾਲੇ ਰੋਜ਼ਾਨਾ ਕੰਮ ਕਰੇਗਾ ਉਸ ਨੂੰ) ਕੁਦਰਤਿ ਵਿਚ ਵੱਸਦਾ ਰੱਬ ਆਪਣੀ ਅੱਖੀਂ ਦਿੱਸੇਗਾ, ਉਸ ਦੇ ਕੰਨਾਂ ਵਿਚ ਪ੍ਰਭੂ ਦੀ ਸਿਫ਼ਤ-ਸਾਲਾਹ ਵੱਸੇਗੀ, ਉਸ ਦੇ ਮੂੰਹ ਵਿਚ ਸਦਾ-ਥਿਰ ਰਹਿਣ ਵਾਲਾ ਪ੍ਰਭੂ-ਨਾਮ ਹੀ ਬੋਲ ਹੋਵੇਗਾ।
50281	1168	ਪਤਿ ਕਾ ਧਨੁ ਪੂਰਾ ਹੋਆ ਲਾਗਾ ਸਹਜਿ ਧਿਆਨੁ ॥੩॥		Path Kaa Dhhan Pooraa Hoaa Laagaa Sehaj Dhhiaan ||3||	Attains the perfect wealth of honor, and intuitively focuses his meditation on the Lord. ||3||	ਉਸ ਨੂੰ ਲੋਕ ਪਰਲੋਕ ਦੀ ਇੱਜ਼ਤ ਦਾ ਸੰਪੂਰਨ ਧਨ ਮਿਲ ਜਾਇਗਾ, ਅਡੋਲਤਾ ਵਿਚ ਸਦਾ ਉਸ ਦੀ ਸੁਰਤ ਟਿਕੀ ਰਹੇਗੀ ॥੩॥
50282	1168	ਮਾਹਾ ਰੁਤੀ ਆਵਣਾ ਵੇਖਹੁ ਕਰਮ ਕਮਾਇ॥		Maahaa Ruthee Aavanaa Vaekhahu Karam Kamaae ||	The months and the seasons come; see, and do your deeds.	(ਹਉਮੈ ਨੂੰ ਵਿਸਾਰਨ ਵਾਲੇ) ਕੰਮ ਕਰ ਕੇ ਵੇਖ ਲਵੋ, ਇਹ ਦੁਨੀਆ ਵਾਲੀਆਂ ਰੁੱਤਾਂ ਤੇ ਮਹੀਨੇ ਤਾਂ ਸਦਾ ਆਉਣ ਜਾਣ ਵਾਲੇ ਹਨ (ਪਰ ਉਹ ਸਦਾ ਦੇ ਖੇੜੇ ਵਾਲੀ ਆਤਮਕ ਅਵਸਥਾ ਵਾਲੀ ਰੁੱਤ ਕਦੇ ਲੋਪ ਨਹੀਂ ਹੋਵੇਗੀ)।

50283	1168	ਨਾਨਕ ਹਰੇ ਨ ਸੂਕਹੀ ਜਿ ਗੁਰਮੁਖਿ ਰਹੇ ਸਮਾਇ॥੪॥੧॥		Naanak Harae N Sookehee J Guramukh Rehae Samaae ||4||1||	O Nanak, those Gurmukhs who remain merged in the Lord do not wither away; they remain green forever. ||4||1||	ਹੇ ਨਾਨਕ! ਜੇਹੜੇ ਬੰਦੇ ਗੁਰੂ ਦੇ ਦੱਸੇ ਰਸਤੇ ਤੁਰ ਕੇ ਪ੍ਰਭੂ-ਯਾਦ ਵਿਚ ਟਿਕੇ ਰਹਿੰਦੇ ਹਨ, ਉਹਨਾਂ ਦੀ ਆਤਮਾ ਸਦਾ ਖਿੜੀ ਰਹਿੰਦੀ ਹੈ ਤੇ ਉਹ ਖੇੜਾ ਕਦੇ ਸੁੱਕਦਾ ਨਹੀਂ ॥੪॥੧॥
50284	1168	ਮਹਲਾ ੧ ਬਸੰਤੁ॥		Mehalaa 1 Basanth ||	First Mehl, Basant:	
50285	1168	ਰੁਤਿ ਆਈਲੇ ਸਰਸ ਬਸੰਤ ਮਾਹਿ॥	(ਸਰਸ) ਸਹਿਤ ਰਸ ਦੇ। ਆਈ-ਲੇ	Ruth Aaeelae Saras Basanth Maahi ||	The season of spring, so delightful, has come.	ਹੇ ਪ੍ਰਭੂ! ਉਹਨਾਂ ਮਨੁੱਖਾਂ ਵਾਸਤੇ (ਇਹ ਮਨੁੱਖਾ ਜਨਮ, ਮਾਨੋ, ਬਸੰਤ ਦੀ) ਰੁੱਤ ਆਈ ਹੋਈ ਹੈ, ਉਹ (ਮਨੁੱਖਾ ਜਨਮ ਵਾਲੀ) ਇਸ ਰੁੱਤ ਵਿਚ ਸਦਾ ਖਿੜੇ ਰਹਿੰਦੇ ਹਨ,
50286	1168	ਰੰਗਿ ਰਾਤੇ ਰਵਹਿ ਸਿ ਤੇਰੈ ਚਾਇ॥		Rang Raathae Ravehi S Thaerai Chaae ||	Those who are imbued with love for You, O Lord, chant Your Name with joy.	ਜੇਹੜੇ ਬੰਦੇ ਤੇਰੇ ਪਿਆਰ-ਰੰਗ ਵਿਚ ਰੰਗੇ ਜਾਂਦੇ ਹਨ, ਜੇਹੜੇ ਤੈਨੂੰ ਸਿਮਰਦੇ ਹਨ, ਉਹ ਤੇਰੇ ਮਿਲਾਪ ਦੀ ਖ਼ੁਸ਼ੀ ਵਿਚ ਰਹਿੰਦੇ ਹਨ।

50287	1168	ਕਿਸੁ ਪੂਜ ਚੜਾਵਉ ਲਗਉ ਪਾਇ॥੧॥	ਚੜ੍ਹਾਵਉ	Kis Pooj Charraavo Lago Paae ||1||	Whom else should I worship? At whose feet should I bow? ||1||	(ਲੋਕ ਬਸੰਤ ਰੁੱਤੇ ਖਿੜੇ ਹੋਏ ਫੁੱਲ ਲੈ ਕੇ ਕਈ ਦੇਵੀ ਦੇਵਤਿਆਂ ਦੀ ਭੇਟ ਚੜ੍ਹਾ ਕੇ ਪੂਜਾ ਕਰਦੇ ਹਨ। ਪਰ ਮੈਂ ਤੇਰੇ ਦਾਸਾਂ ਦਾ ਦਾਸ ਬਣ ਕੇ ਤੈਨੂੰ ਸਿਮਰਦਾ ਹਾਂ, ਤੇਥੋਂ ਬਿਨਾ) ਮੈਂ ਹੋਰ ਕਿਸ ਦੀ ਪੂਜਾ ਵਾਸਤੇ (ਫੁੱਲ) ਭੇਟਾ ਕਰਾਂ? (ਤੈਥੋਂ ਬਿਨਾ) ਮੈਂ ਹੋਰ ਕਿਸ ਦੀ ਚਰਨੀਂ ਲੱਗਾ? ॥੧॥
50288	1168	ਤੇਰਾ ਦਾਸਨਿ ਦਾਸਾ ਕਹਉ ਰਾਇ॥		Thaeraa Dhaasan Dhaasaa Keho Raae ||	I am the slave of Your slaves, O my Sovereign Lord King.	ਹੇ ਪ੍ਰਕਾਸ਼-ਰੂਪ ਪ੍ਰਭੂ! ਮੈਂ ਤੇਰੇ ਦਾਸਾਂ ਦਾ ਦਾਸ ਬਣ ਕੇ ਤੈਨੂੰ ਸਿਮਰਦਾ ਹਾਂ।
50289	1168	ਜਗਜੀਵਨ ਜੁਗਤਿ ਨ ਮਿਲੈ ਕਾਇ॥੧॥ ਰਹਾਉ॥	ਜੱਗਜੀਵਨ	Jagajeevan Jugath N Milai Kaae ||1|| Rehaao ||	O Life of the Universe, there is no other way to meet You. ||1||Pause||	ਹੇ ਜਗਤ ਦੇ ਜੀਵਨ ਪ੍ਰਭੂ! ਤੇਰੇ ਮਿਲਾਪ ਦੀ ਜੁਗਤੀ (ਤੇਰੇ ਦਾਸਾਂ ਤੋਂ ਬਿਨਾ) ਕਿਸੇ ਹੋਰ ਥਾਂ ਤੋਂ ਨਹੀਂ ਮਿਲ ਸਕਦੀ ॥੧॥ ਰਹਾਉ ॥
50290	1168	ਤੇਰੀ ਮੂਰਤਿ ਏਕਾ ਬਹੁਤੁ ਰੂਪ॥		Thaeree Moorath Eaekaa Bahuth Roop ||	You have only One Form, and yet You have countless forms.	ਹੇ ਪ੍ਰਭੂ! ਤੇਰੀ ਹਸਤੀ ਇੱਕ ਹੈ, ਤੇਰੇ ਰੂਪ ਅਨੇਕਾਂ ਹਨ।
50291	1168	ਕਿਸੁ ਪੂਜ ਚੜਾਵਉ ਦੇਉ ਧੂਪ॥		Kis Pooj Charraavo Dhaeo Dhhoop ||	Which one should I worship? Before which one should I burn incense?	ਤੈਨੂੰ ਛੱਡ ਕੇ ਮੈਂ ਹੋਰ ਕਿਸ ਨੂੰ ਧੂਪ ਦਿਆਂ? ਤੈਨੂੰ ਛੱਡ ਕੇ ਮੈਂ ਹੋਰ ਕਿਸ ਦੀ ਪੂਜਾ ਵਾਸਤੇ (ਫੁੱਲ ਆਦਿਕ) ਭੇਟਾ ਧਰਾਂ?

50292	1168	ਤੇਰਾ ਅੰਤੁ ਨ ਪਾਇਆ ਕਹਾ ਪਾਇ॥		Thaeraa Anth N Paaeiaa Kehaa Paae ||	Your limits cannot be found. How can anyone find them?	ਹੇ ਪ੍ਰਭੂ! ਤੇਰੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ।
50293	1168	ਤੇਰਾ ਦਾਸਨਿ ਦਾਸਾ ਕਹਉ ਰਾਇ॥੨॥		Thaeraa Dhaasan Dhaasaa Keho Raae ||2||	I am the slave of Your slaves, O my Sovereign Lord King. ||2||	ਹੇ ਪ੍ਰਕਾਸ਼-ਰੂਪ ਪ੍ਰਭੂ! ਮੈਂ ਤਾਂ ਤੇਰੇ ਦਾਸਾਂ ਦਾ ਦਾਸ ਬਣ ਕੇ ਤੈਨੂੰ ਹੀ ਸਿਮਰਦਾ ਹਾਂ ॥੨॥
50294	1168	ਤੇਰੇ ਸਠਿ ਸੰਬਤ ਸਭਿ ਤੀਰਥਾ॥	ਦੇਵਤਿਆਂ ਦੇ ਉਪਾਸ਼ਕ, ਇਹ ਕਲਪਦੇ ਹਨ, ਬ੍ਰਹਮਾ ਵਿਸ਼ਨੂੰ ਸਿਵ ਜੀ ਦੇ ਵੀਹ-ਵੀਹ ਵਰ੍ਹੇ ਹਨ।ਮੁੜ-ਮੁੜ ਇਨ੍ਹਾਂ ਦਾ ਚੱਕ੍ਰ ਆਉਂਦਾ ਰਹਿੰਦਾ ਹੈ। ਹੇ ਕਰਤਾਰ ਜੀ! ਤੇਰੇ ਹੀ ਸੱਠ ਸੰਬਤ, ਸਾਰੇ ਤੀਰਥ।	Thaerae Sath Sanbath Sabh Theerathhaa ||	The cycles of years and the places of pilgrimage are Yours, O Lord.	ਤੇਰੇ ਸੱਠ ਸਾਲ (ਬ੍ਰਹਮਾ ਸ਼ਿਵ ਵਿਸ਼ਨੂੰ ਦੀਆਂ ਬੀਸੀਆਂ) ਹਨ ਤੇ ਸਾਰੇ ਤੀਰਥ-
50295	1168	ਤੇਰਾ ਸਚੁ ਨਾਮੁ ਪਰਮੇਸਰਾ॥		Thaeraa Sach Naam Paramaesaraa ||	Your Name is True, O Transcendent Lord God.	ਹੇ ਪਰਮੇਸ਼ਰ! ਮੇਰੇ ਵਾਸਤੇ ਤੇਰਾ ਸਦਾ-ਥਿਰ ਰਹਿਣ ਵਾਲਾ ਨਾਮ ਹੀ ਹੈ।
50296	1168	ਤੇਰੀ ਗਤਿ ਅਵਿਗਤਿ ਨਹੀ ਜਾਣੀਐ॥		Thaeree Gath Avigath Nehee Jaaneeai ||	Your State cannot be known, O Eternal, Unchanging Lord God.	ਤੂੰ ਕਿਹੋ ਜਿਹਾ ਹੈਂ- ਇਹ ਗੱਲ ਸਮਝੀ ਨਹੀਂ ਜਾ ਸਕਦੀ, ਜਾਣੀ ਨਹੀਂ ਜਾ ਸਕਦੀ।

50297	1168	ਅਣਜਾਣਤ ਨਾਮੁ ਵਖਾਣੀਐ॥੩॥	(ਅਣਜਾਣਤ) ਜਾਨਣ ਰਹਿਤ, ਅਨਗਿਣਤ	Anajaanath Naam Vakhaaneeai ||3||	Although You are unknown, still we chant Your Name. ||3||	ਇਹ ਸਮਝਣ ਦਾ ਜਤਨ ਕਰਨ ਤੋਂ ਬਿਨਾ ਹੀ (ਤੇਰੇ ਦਾਸਾਂ ਦਾ ਦਾਸ ਬਣ ਕੇ) ਤੇਰਾ ਨਾਮ ਸਿਮਰਨਾ ਚਾਹੀਦਾ ਹੈ ॥੩॥
50298	1168	ਨਾਨਕੁ ਵੇਚਾਰਾ ਕਿਆ ਕਹੈ॥		Naanak Vaechaaraa Kiaa Kehai ||	What can poor Nanak say?	(ਨਿਰਾ ਮੈਂ ਨਾਨਕ ਹੀ ਨਹੀਂ ਆਖ ਰਿਹਾ ਕਿ ਤੂੰ ਬੇਅੰਤ ਹੈਂ) ਗ਼ਰੀਬ ਨਾਨਕ ਕੀਹ ਆਖ ਸਕਦਾ ਹੈ?
50299	1168	ਸਭੁ ਲੋਕੁ ਸਲਾਹੇ ਏਕ ਸੈ॥	(ਸੈ) ਨੂੰ (ਦੂਜਾ ਪਾਠ: ਏਕਸੈ)	Sabh Lok Salaahae Eaekasai ||	All people praise the One Lord.	ਸਾਰਾ ਸੰਸਾਰ ਹੀ ਤੈਨੂੰ ਇੱਕ ਨੂੰ ਸਲਾਹ ਰਿਹਾ ਹੈ (ਤੇਰੀਆਂ ਸਿਫ਼ਤਾਂ ਕਰ ਰਿਹਾ ਹੈ)।
50300	1168	ਸਿਰੁ ਨਾਨਕ ਲੋਕਾ ਪਾਵ ਹੈ॥		Sir Naanak Lokaa Paav Hai ||	Nanak places his head on the feet of such people.	ਹੇ ਪ੍ਰਭੂ! ਜੇਹੜੇ ਬੰਦੇ ਤੇਰੀ ਸਿਫ਼ਤ-ਸਾਲਾਹ ਕਰਦੇ ਹਨ, ਮੈਂ ਨਾਨਕ ਦਾ ਸਿਰ ਉਹਨਾਂ ਦੇ ਕਦਮਾਂ ਤੇ ਹੈ।
50301	1168	ਬਲਿਹਾਰੀ ਜਾਉ ਜੇਤੇ ਤੇਰੇ ਨਾਵ ਹੈ॥੪॥੨॥		Balihaaree Jaao Jaethae Thaerae Naav Hai ||4||2||	I am a sacrifice to Your Names, as many as there are, O Lord. ||4||2||	ਹੇ ਪ੍ਰਭੂ! ਜਿਤਨੇ ਭੀ ਤੇਰੇ ਨਾਮ ਹਨ ਮੈਂ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ (ਤੇਰੇ ਇਹ ਬੇਅੰਤ ਨਾਮ ਤੇਰੇ ਬੇਅੰਤ ਗੁਣਾਂ ਨੂੰ ਵੇਖ ਵੇਖ ਕੇ ਤੇਰੇ ਬੰਦਿਆਂ ਨੇ ਬਣਾਏ ਹਨ) ॥੪॥੨॥
50302	1168	ਬਸੰਤੁ ਮਹਲਾ ੧॥		Basanth Mehalaa 1 ||	Basant, First Mehl:	
50303	1168	ਸੁਇਨੇ ਕਾ ਚਉਕਾ ਕੰਚਨ ਕੁਆਰ॥		Sueinae Kaa Choukaa Kanchan Kuaar ||	The kitchen is golden, and the cooking pots are golden.	(ਜੇ ਕੋਈ ਮਨੁੱਖ) ਸੋਨੇ ਦਾ ਚੌਂਕਾ (ਤਿਆਰ ਕਰੇ), ਸੋਨੇ ਦੇ ਹੀ (ਉਸ ਵਿਚ) ਭਾਂਡੇ (ਵਰਤੇ),

50304	1168	ਰੁਪੇ ਕੀਆ ਕਾਰਾ ਬਹੁਤੁ ਬਿਸਥਾਰੁ॥	ਰੁੱਪੇਚਾਂਦੀ, ਕਾਰਾਂ	Rupae Keeaa Kaaraa Bahuth Bisathhaar ||	The lines marking the cooking square are silver.	(ਚੌਕੇ ਨੂੰ ਸੁੱਚਾ ਰੱਖਣ ਲਈ ਉਸ ਦੇ ਦੁਆਲੇ) ਚਾਂਦੀ ਦੀਆਂ ਲਕੀਰਾਂ (ਪਾਏ) (ਤੇ ਸੁੱਚ ਵਾਸਤੇ) ਇਹੋ ਜੇਹੇ ਹੋਰ ਕਈ ਕੰਮਾਂ ਦਾ ਖਿਲਾਰਾ (ਖਿਲਾਰੇ);
50305	1168	ਗੰਗਾ ਕਾ ਉਦਕੁ ਕਰੰਤੇ ਕੀ ਆਗਿ॥		Gangaa Kaa Oudhak Karanthae Kee Aag ||	The water is from the Ganges, and the firewood is sanctified.	(ਭੋਜਨ ਤਿਆਰ ਕਰਨ ਲਈ ਜੇ ਉਹ) ਗੰਗਾ ਦਾ (ਪਵਿੱਤ੍ਰ) ਜਲ (ਲਿਆਵੇ), ਤੇ ਅਰਣ ਦੀਆਂ ਲੱਕੜਾਂ ਦੀ ਅੱਗ (ਤਿਆਰ ਕਰੇ);
50306	1168	ਗਰੁੜਾ ਖਾਣਾ ਦੁਧ ਸਿਉ ਗਾਡਿ॥੧॥		Garurraa Khaanaa Dhudhh Sio Gaadd ||1||	The food is soft rice, cooked in milk. ||1||	ਜੇ ਫਿਰ ਉਹ ਦੁੱਧ ਵਿਚ ਰਲਾ ਕੇ ਰਿੜੇ ਹੋਏ ਚਾਵਲਾਂ ਦਾ ਭੋਜਨ ਕਰੇ ॥੧॥
50307	1168	ਰੇ ਮਨ ਲੇਖੈ ਕਬਹੂ ਨ ਪਾਇ॥		Rae Man Laekhai Kabehoo N Paae ||	O my mind, these things are worthless,	(ਤਾਂ ਭੀ) ਹੇ ਮਨ! ਅਜੇਹੀ ਸੁੱਚ ਦੇ ਕੋਈ ਭੀ ਅਡੰਬਰ ਪਰਵਾਨ ਨਹੀਂ ਹੁੰਦੇ।
50308	1169	ਜਾਮਿ ਨ ਭੀਜੈ ਸਾਚ ਨਾਇ॥੧॥ ਰਹਾਉ॥		Jaam N Bheejai Saach Naae ||1|| Rehaao ||	If you are not drenched with the True Name. ||1||Pause||	ਜਦੋਂ ਤਕ ਮਨੁੱਖ ਪ੍ਰਭੂ ਦੇ ਸੱਚੇ ਨਾਮ ਵਿਚ ਨਹੀਂ ਭਿੱਜਦਾ (ਪ੍ਰੀਤ ਨਹੀਂ ਪਾਂਦਾ, ਉਸ ਦਾ ਕੋਈ ਭੀ ਉੱਦਮ ਪ੍ਰਭੂ ਨੂੰ ਪਸੰਦ ਨਹੀਂ) ॥੧॥ ਰਹਾਉ ॥
50309	1169	ਦਸ ਅਠ ਲੀਖੇ ਹੋਵਹਿ ਪਾਸਿ॥		Dhas Ath Leekhae Hovehi Paas ||	One may have the eighteen Puraanas written in his own hand;	ਜੇ ਕਿਸੇ ਪੰਡਿਤ ਨੇ ਅਠਾਰਾਂ ਪੁਰਾਣ ਲਿਖ ਕੇ ਕੋਲ ਰੱਖੇ ਹੋਏ ਹੋਣ,
50310	1169	ਚਾਰੇ ਬੇਦ ਮੁਖਾਗਰ ਪਾਠਿ॥	(ਮੁਖੱਾਗਰ) ਕੰਠੋਂ	Chaarae Baedh Mukhaagar Paath ||	He may recite the four Vedas by heart,	ਜੇ ਪਾਠ ਵਿਚ ਉਹ ਚਾਰੇ ਵੇਦ ਜ਼ਬਾਨੀ ਪੜ੍ਹੇ,

50311	1169	ਪੁਰਬੀ ਨਾਵੈ ਵਰਨਾਂ ਕੀ ਦਾਤਿ॥		Purabee Naavai Varanaan Kee Dhaath ||	And take ritual baths at holy festivals and give charitable donations;	ਜੇ ਉਹ ਪਵਿਤ੍ਰ (ਮਿਥੇ) ਦਿਹਾੜਿਆਂ ਤੇ ਤੀਰਥੀਂ ਇਸ਼ਨਾਨ ਕਰੇ, ਸ਼ਾਸਤ੍ਰਾਂ ਦੀ ਦੱਸੀ ਮਰਯਾਦਾ ਅਨੁਸਾਰ ਵਖ ਵਖ ਵਰਨਾਂ ਦੇ ਬੰਦਿਆਂ ਨੂੰ ਦਾਨ-ਪੁੰਨ ਕਰੇ,
50312	1169	ਵਰਤ ਨੇਮ ਕਰੇ ਦਿਨ ਰਾਤਿ॥੨॥		Varath Naem Karae Dhin Raath ||2||	He may observe the ritual fasts, and perform religious ceremonies day and night. ||2||	ਜੇ ਉਹ ਦਿਨ ਰਾਤ ਵਰਤ ਰੱਖਦਾ ਰਹੇ ਤੇ ਹੋਰ ਨਿਯਮ ਨਿਬਾਹੁੰਦਾ ਰਹੇ (ਤਾਂ ਭੀ ਪ੍ਰਭੂ ਨੂੰ ਇਹ ਕੋਈ ਉੱਦਮ ਪਸੰਦ ਨਹੀਂ) ॥੨॥
50313	1169	ਕਾਜੀ ਮੁਲਾਂ ਹੋਵਹਿ ਸੇਖ॥		Kaajee Mulaan Hovehi Saekh ||	He may be a Qazi, a Mullah or a Shaykh,	ਜੇ ਕੋਈ ਬੰਦੇ ਕਾਜ਼ੀ ਮੁੱਲਾਂ ਸ਼ੇਖ਼ ਬਣ ਜਾਣ,
50314	1169	ਜੋਗੀ ਜੰਗਮ ਭਗਵੇ ਭੇਖ॥		Jogee Jangam Bhagavae Bhaekh ||	A Yogi or a wandering hermit wearing saffron-colored robes;	ਕੋਈ ਜੋਗੀ ਜੰਗਮ ਬਣ ਕੇ ਭਗਵੇ ਕੱਪੜੇ ਪਹਿਨ ਲੈਣ,
50315	1169	ਕੋ ਗਿਰਹੀ ਕਰਮਾ ਕੀ ਸੰਧਿ॥		Ko Girehee Karamaa Kee Sandhh ||	He may be a householder, working at his job;	ਕੋਈ ਗ੍ਰਿਹਸਤੀ ਬਣ ਕੇ ਪੂਰਾ ਕਰਮ-ਕਾਂਡੀ ਹੋ ਜਾਏ-

50316	1169	ਬਿਨੁ ਬੂਝੇ ਸਭ ਖੜੀਅਸਿ ਬੰਧਿ॥੩॥	(ਖੜੀ-ਅਸਿ) ਲੈ ਜਾਣਗੇ	Bin Boojhae Sabh Kharreeas Bandhh ||3||	But without understanding the essence of devotional worship, all people are eventually bound and gagged, and driven along by the Messenger of Death. ||3||	ਇਹਨਾਂ ਵਿਚੋਂ ਹਰੇਕ ਦੋਸੀਆਂ ਵਾਂਗ ਬੰਨ੍ਹ ਕੇ ਅੱਗੇ ਲਾ ਲਿਆ ਜਾਇਗਾ, ਜਦ ਤਕ ਉਹ ਸਿਮਰਨ ਦੀ ਕਦਰ ਨਹੀਂ ਸਮਝਿਆ, (ਜਦ ਤਕ ਉਹ ਸੱਚੇ ਨਾਮ ਵਿਚ ਨਹੀਂ ਪਤੀਜਦਾ) ॥੩॥
50317	1169	ਜੇਤੇ ਜੀਅ ਲਿਖੀ ਸਿਰਿ ਕਾਰ॥		Jaethae Jeea Likhee Sir Kaar ||	Each person's karma is written on his forehead.	(ਅਸਲ ਗੱਲ ਇਹ ਹੈ ਕਿ) ਜਿਤਨੇ ਭੀ ਜੀਵ ਹਨ ਸਭਨਾਂ ਦੇ ਸਿਰ ਉਤੇ ਪ੍ਰਭੂ ਦਾ ਇਹੀ ਹੁਕਮ-ਰੂਪ ਲੇਖ ਲਿਖਿਆ ਹੋਇਆ ਹੈ,
50318	1169	ਕਰਣੀ ਉਪਰਿ ਹੋਵਗਿ ਸਾਰ॥		Karanee Oupar Hovag Saar ||	According to their deeds, they shall be judged.	ਕਿ ਹਰੇਕ ਦੀ ਕਾਮਯਾਬੀ ਦਾ ਫ਼ੈਸਲਾ ਉਸ ਦੇ ਕੀਤੇ ਕਰਮਾਂ ਉਤੇ ਹੀ ਹੋਵੇਗਾ।
50319	1169	ਹੁਕਮੁ ਕਰਹਿ ਮੂਰਖ ਗਾਵਾਰ॥		Hukam Karehi Moorakh Gaavaar ||	Only the foolish and the ignorant issue commands.	ਜੇਹੜੇ ਬੰਦੇ ਸੁੱਚੇ ਕਰਮ-ਕਾਂਡ ਭੇਖ ਆਦਿਕ ਉਤੇ ਹੀ ਮਾਣ ਕਰਦੇ ਹਨ ਉਹ ਵੱਡੇ ਮੂਰਖ ਹਨ।
50320	1169	ਨਾਨਕ ਸਾਚੇ ਕੇ ਸਿਫਤਿ ਭੰਡਾਰ॥੪॥੩॥		Naanak Saachae Kae Sifath Bhanddaar ||4||3||	O Nanak, the treasure of praise belongs to the True Lord alone. ||4||3||	ਹੇ ਨਾਨਕ! ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀਆਂ ਸਿਫ਼ਤਾਂ ਦੇ ਖ਼ਜ਼ਾਨੇ ਭਰੇ ਪਏ ਹਨ (ਉਹਨਾਂ ਵਿਚ ਜੁੜੋ। ਇਹੀ ਹੈ ਪਰਵਾਨ ਹੋਣ ਵਾਲੀ ਕਰਣੀ) ॥੪॥੩॥

50321	1169	ਬਸੰਤੁ ਮਹਲਾ ੩ ਤੀਜਾ॥	ਤੀਜਾ ਤੀਜਾ	Basanth Mehalaa 3 Theejaa ||	Basant, Third Mehl:	
50322	1169	ਬਸਤ੍ਰ ਉਤਾਰਿ ਦਿਗੰਬਰੁ ਹੋਗੁ॥		Basathr Outhaar Dhiganbar Hog ||	A person may take off his clothes and be naked.	ਜੇ ਕੋਈ ਮਨੁੱਖ ਕੱਪੜੇ ਉਤਾਰ ਕੇ ਨਾਂਗਾ ਸਾਧੂ ਬਣ ਜਾਏ (ਤਾਂ ਭੀ ਵਿਅਰਥ ਹੀ ਉੱਦਮ ਹੈ)।
50323	1169	ਜਟਾਧਾਰਿ ਕਿਆ ਕਮਾਵੈ ਜੋਗੁ॥		Jattaadhhaar Kiaa Kamaavai Jog ||	What Yoga does he practice by having matted and tangled hair?	ਜਟਾ ਧਾਰ ਕੇ ਭੀ ਕੋਈ ਜੋਗ ਨਹੀਂ ਕਮਾਇਆ ਜਾ ਸਕਦਾ। (ਪਰਮਾਤਮਾ ਨਾਲ ਜੋਗ (ਮੇਲ) ਨਹੀਂ ਹੋ ਸਕੇਗਾ)।
50324	1169	ਮਨੁ ਨਿਰਮਲੁ ਨਹੀ ਦਸਵੈ ਦੁਆਰ॥		Man Niramal Nehee Dhasavai Dhuaar ||	If the mind is not pure, what use is it to hold the breath at the Tenth Gate?	ਦਸਵੇਂ ਦੁਆਰ ਵਿਚ ਪ੍ਰਾਣ ਚੜ੍ਹਾਇਆਂ ਭੀ ਮਨ ਪਵਿਤ੍ਰ ਨਹੀਂ ਹੁੰਦਾ।
50325	1169	ਭ੍ਰਮਿ ਭ੍ਰਮਿ ਆਵੈ ਮੂੜਾ ਵਾਰੋ ਵਾਰ॥੧॥		Bhram Bhram Aavai Moorrhaa Vaaro Vaar ||1||	The fool wanders and wanders, entering the cycle of reincarnation again and again. ||1||	(ਅਜੇਹੇ ਸਾਧਨਾਂ ਵਿਚ ਲੱਗਾ ਹੋਇਆ) ਮੂਰਖ ਭਟਕ ਭਟਕ ਕੇ ਮੁੜ ਮੁੜ ਜਨਮ ਲੈਂਦਾ ਹੈ ॥੧॥
50326	1169	ਏਕੁ ਧਿਆਵਹੁ ਮੂੜ੍ ਮਨਾ॥		Eaek Dhhiaavahu Moorrh Manaa ||	Meditate on the One Lord, O my foolish mind,	ਹੇ ਮੂਰਖ ਮਨ! ਇਕ ਪਰਮਾਤਮਾ ਨੂੰ ਸਿਮਰ।
50327	1169	ਪਾਰਿ ਉਤਰਿ ਜਾਹਿ ਇਕ ਖਿਨਾਂ॥੧॥ ਰਹਾਉ॥		Paar Outhar Jaahi Eik Khinaan ||1|| Rehaao ||	And you shall cross over to the other side in an instant. ||1||Pause||	(ਸਿਮਰਨ ਦੀ ਬਰਕਤਿ ਨਾਲ) ਇਕ ਪਲ ਵਿਚ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਹਿਂਗਾ ॥੧॥ ਰਹਾਉ ॥

50328	1169	ਸਿਮ੍ਰਿਤਿ ਸਾਸਤ੍ਰ ਕਰਹਿ ਵਖਿਆਣ॥	ਸਿਮ-ਰ੍ਿਤਿ	Simrith Saasathr Karehi Vakhiaan ||	Some recite and expound on the Simritees and the Shaastras;	(ਪੰਡਿਤ ਲੋਕ) ਸਿਮ੍ਰਿਤੀਆਂ ਤੇ ਸ਼ਾਸਤ੍ਰ (ਹੋਰਨਾਂ ਨੂੰ ਪੜ੍ਹ ਪੜ੍ਹ ਕੇ) ਸੁਣਾਂਦੇ ਹਨ,
50329	1169	ਨਾਦੀ ਬੇਦੀ ਪੜ੍ਹਹਿ ਪੁਰਾਣ॥		Naadhee Baedhee Parrhehi Puraan ||	Some sing the Vedas and read the Puraanas;	ਜੋਗੀ ਨਾਦ ਵਜਾਂਦੇ ਹਨ, ਪੰਡਿਤ ਵੇਦ ਪੜ੍ਹਦੇ ਹਨ, ਕੋਈ ਪੁਰਾਣ ਪੜ੍ਹਦੇ ਹਨ,
50330	1169	ਪਾਖੰਡ ਦ੍ਰਿਸਟਿ ਮਨਿ ਕਪਟੁ ਕਮਾਹਿ॥		Paakhandd Dhrisatt Man Kapatt Kamaahi ||	But they practice hypocrisy and deception with their eyes and minds.	ਪਰ ਉਹਨਾਂ ਦੀ ਨਿਗਾਹ ਪਖੰਡ ਵਾਲੀ ਹੈ, ਮਨ ਵਿਚ ਉਹ ਖੋਟ ਕਮਾਂਦੇ ਹਨ।
50331	1169	ਤਿਨ ਕੈ ਰਮਈਆ ਨੇੜਿ ਨਾਹਿ॥੨॥	ਰ-ਮਈਆ	Thin Kai Rameeaa Naerr Naahi ||2||	The Lord does not even come near them. ||2||	ਪਰਮਾਤਮਾ ਅਜੇਹੇ ਬੰਦਿਆਂ ਦੇ ਨੇੜੇ ਨਹੀਂ (ਢੁਕਦਾ) ॥੨॥
50332	1169	ਜੇ ਕੋ ਐਸਾ ਸੰਜਮੀ ਹੋਇ॥		Jae Ko Aisaa Sanjamee Hoe ||	Even if someone practices such self-discipline,	ਜੇ ਕੋਈ ਅਜੇਹਾ ਬੰਦਾ ਭੀ ਹੋਵੇ ਜੋ ਆਪਣੇ ਇੰਦ੍ਰਿਆਂ ਨੂੰ ਵੱਸ ਕਰਨ ਦੇ ਜਤਨ ਕਰਦਾ ਹੋਵੇ,
50333	1169	ਕ੍ਰਿਆ ਵਿਸੇਖ ਪੂਜਾ ਕਰੇਇ॥		Kiraaa Visaekh Poojaa Karaee ||	Compassion and devotional worship	ਕਿਸੇ ਉਚੇਚੀ ਕਿਸਮ ਦੀ ਕ੍ਰਿਆ ਕਰਦਾ ਹੋਵੇ, ਦੇਵ-ਪੂਜਾ ਭੀ ਕਰੇ,
50334	1169	ਅੰਤਰਿ ਲੋਭੁ ਮਨੁ ਬਿਖਿਆ ਮਾਹਿ॥		Anthar Lobh Man Bikhiaa Maahi ||	- if he is filled with greed, and his mind is engrossed in corruption,	ਪਰ ਜੇ ਉਸ ਦੇ ਅੰਦਰ ਲੋਭ ਹੈ, ਜੇ ਉਸ ਦਾ ਮਨ ਮਾਇਆ ਦੇ ਮੋਹ ਵਿਚ ਹੀ ਫਸਿਆ ਪਿਆ ਹੈ,

50335	1169	ਓਇ ਨਿਰੰਜਨੁ ਕੈਸੇ ਪਾਹਿ॥੩॥		Oue Niranjan Kaisae Paahi ||3||	How can he find the Immaculate Lord? ||3||	ਤਾਂ ਅਜੇਹੇ ਬੰਦੇ ਭੀ ਮਾਇਆ ਤੋਂ ਨਿਰਲੇਪ ਪਰਮਾਤਮਾ ਦੀ ਪ੍ਰਾਪਤੀ ਨਹੀਂ ਕਰ ਸਕਦੇ ॥੩॥
50336	1169	ਕੀਤਾ ਹੋਆ ਕਰੇ ਕਿਆ ਹੋਇ॥		Keethaa Hoaa Karae Kiaa Hoe ||	What can the created being do?	(ਪਰ ਜੀਵਾਂ ਦੇ ਭੀ ਕੀਹ ਵੱਸ?) ਸਭ ਕੁਝ ਪਰਮਾਤਮਾ ਦਾ ਕੀਤਾ ਹੋ ਰਿਹਾ ਹੈ। ਜੀਵ ਦੇ ਕੀਤਿਆਂ ਕੁਝ ਨਹੀਂ ਹੋ ਸਕਦਾ।
50337	1169	ਜਿਸ ਨੋ ਆਪਿ ਚਲਾਏ ਸੋਇ॥		Jis No Aap Chalaaeae Soe ||	The Lord Himself moves him.	ਜਿਸ ਜੀਵ ਨੂੰ ਜਿਵੇਂ ਪਰਮਾਤਮਾ ਜੀਵਨ ਪੰਧ ਉੱਤੇ ਤੋਰਿਆ ਚਾਹੁੰਦਾ ਹੈ, (ਉਹ ਜੀਵ ਉਹੀ ਰਸਤਾ ਅਖ਼ਤਿਆਰ ਕਰਦਾ ਹੈ)।
50338	1169	ਨਦਰਿ ਕਰੇ ਤਾਂ ਭਰਮੁ ਚੁਕਾਏ॥		Nadhar Karae Thaan Bharam Chukaaeae ||	If the Lord casts His Glance of Grace, then his doubts are dispelled.	ਜਦੋਂ ਪ੍ਰਭੂ ਆਪ (ਕਿਸੇ ਜੀਵ ਉਤੇ) ਮੇਹਰ ਦੀ ਨਿਗਾਹ ਕਰਦਾ ਹੈ ਤਾਂ ਉਸ ਦੀ ਭਟਕਣਾ ਦੂਰ ਕਰਦਾ ਹੈ।
50339	1169	ਹੁਕਮੈ ਬੂਝੈ ਤਾਂ ਸਾਚਾ ਪਾਏ॥੪॥		Hukamai Boojhai Thaan Saachaa Paaeae ||4||	If the mortal realizes the Hukam of the Lord's Command, he obtains the True Lord. ||4||	(ਪ੍ਰਭੂ ਦੀ ਮੇਹਰ ਨਾਲ ਹੀ ਜਦੋਂ ਜੀਵ) ਪ੍ਰਭੂ ਦਾ ਹੁਕਮ ਸਮਝਦਾ ਹੈ ਤਾਂ ਉਸ ਦਾ ਮਿਲਾਪ ਹਾਸਲ ਕਰ ਲੈਂਦਾ ਹੈ ॥੪॥
50340	1169	ਜਿਸੁ ਜੀਉ ਅੰਤਰੁ ਮੈਲਾ ਹੋਇ॥		Jis Jeeo Anthar Mailaa Hoe ||	If someone's soul is polluted within,	ਜਿਸ ਮਨੁੱਖ ਦਾ ਅੰਦਰਲਾ ਆਤਮਾ (ਵਿਕਾਰਾਂ ਨਾਲ) ਮੈਲਾ ਹੋ ਜਾਂਦਾ ਹੈ,

50341	1169	ਤੀਰਥ ਭਵੈ ਦਿਸੰਤਰ ਲੋਇ॥		Theerathh Bhavai Dhisanthar Loe ||	What is the use of his traveling to sacred shrines of pilgrimage all over the world?	ਉਹ ਜੇ ਤੀਰਥਾਂ ਉਤੇ ਭੀ ਜਾਂਦਾ ਹੈ ਜੇ ਉਹ ਜਗਤ ਵਿਚ ਹੋਰ ਹੋਰ ਦੇਸਾਂ ਵਿਚ ਭੀ (ਵਿਰਕਤ ਰਹਿਣ ਲਈ) ਤੁਰਿਆ ਫਿਰਦਾ ਹੈ (ਤਾਂ ਭੀ ਉਸ ਦੇ ਮਾਇਆ ਵਾਲੇ ਬੰਧਨ ਟੁੱਟਦੇ ਨਹੀਂ)।
50342	1169	ਨਾਨਕ ਮਿਲੀਐ ਸਤਿਗੁਰ ਸੰਗ॥		Naanak Mileeai Sathigur Sang ||	O Nanak, when one joins the Society of the True Guru,	ਹੇ ਨਾਨਕ! ਜੇ ਗੁਰੂ ਦਾ ਮੇਲ ਪ੍ਰਾਪਤ ਹੋਵੇ ਤਾਂ ਹੀ ਪਰਮਾਤਮਾ ਮਿਲਦਾ ਹੈ,
50343	1169	ਤਉ ਭਵਜਲ ਕੇ ਤੂਟਸਿ ਬੰਧ॥੫॥੪॥		Tho Bhavajal Kae Thoottas Bandhh ||5||4||	Then the bonds of the terrifying world-ocean are broken. ||5||4||	ਤਦੋਂ ਹੀ ਸੰਸਾਰ-ਸਮੁੰਦਰ ਵਾਲੇ ਬੰਧਨ ਟੁੱਟਦੇ ਹਨ ॥੫॥੪॥
50344	1169	ਬਸੰਤੁ ਮਹਲਾ ੧॥		Basanth Mehalaa 1 ||	Basant, First Mehl:	
50345	1169	ਸਗਲ ਭਵਨ ਤੇਰੀ ਮਾਇਆ ਮੋਹ॥		Sagal Bhavan Thaeree Maaeiaa Moh ||	All the worlds have been fascinated and enchanted by Your Maya, O Lord.	ਹੇ ਪ੍ਰਭੂ! ਸਾਰੇ ਭਵਨਾਂ ਵਿਚ (ਸਾਰੇ ਜਗਤ ਵਿਚ) ਤੇਰੀ ਮਾਇਆ ਦੇ ਮੋਹ ਦਾ ਪਸਾਰਾ ਹੈ।
50346	1169	ਮੈ ਅਵਰੁ ਨ ਦੀਸੈ ਸਰਬ ਤੋਹ॥		Mai Avar N Dheesai Sarab Thoh ||	I do not see any other at all - You are everywhere.	ਮੈਨੂੰ ਤੈਥੋਂ ਬਿਨਾ ਕੋਈ ਹੋਰ ਨਹੀਂ ਦਿੱਸਦਾ, ਸਭ ਜੀਵਾਂ ਵਿਚ ਤੇਰਾ ਹੀ ਪ੍ਰਕਾਸ਼ ਹੈ।
50347	1169	ਤੂ ਸੁਰਿ ਨਾਥਾ ਦੇਵਾ ਦੇਵ॥		Thoo Sur Naathhaa Dhaevaa Dhaev ||	You are the Master of Yogis, the Divinity of the divine.	ਤੂੰ ਦੇਵਤਿਆਂ ਦਾ ਨਾਥਾਂ ਦਾ ਭੀ ਦੇਵਤਾ ਹੈਂ।

50348	1169	ਹਰਿ ਨਾਮੁ ਮਿਲੈ ਗੁਰ ਚਰਨ ਸੇਵ॥੧॥		Har Naam Milai Gur Charan Saev ||1||	Serving at the Guru's Feet, the Name of the Lord is received. ||1||	ਹੇ ਹਰੀ! ਗੁਰੂ ਦੇ ਚਰਨਾਂ ਦੀ ਸੇਵਾ ਕੀਤਿਆਂ ਹੀ ਤੇਰਾ ਨਾਮ ਮਿਲਦਾ ਹੈ ॥੧॥
50349	1169	ਮੇਰੇ ਸੁੰਦਰ ਗਹਿਰ ਗੰਭੀਰ ਲਾਲ॥		Maerae Sundhar Gehir Ganbheer Laal ||	O my Beauteous, Deep and Profound Beloved Lord.	ਹੇ ਮੇਰੇ ਸੋਹਣੇ ਲਾਲ! ਹੇ ਡੂੰਘੇ ਤੇ ਵੱਡੇ ਜਿਗਰੇ ਵਾਲੇ ਪ੍ਰਭੂ!
50350	1169	ਗੁਰਮੁਖਿ ਰਾਮ ਨਾਮ ਗੁਨ ਗਾਏ ਤੂ ਅਪਰੰਪਰੁ ਸਰਬ ਪਾਲ॥੧॥ਰਹਾਉ॥	ਅਪ-ਰੰਪਰੁ	Guramukh Raam Naam Gun Gaaeae Thoo Aparanpar Sarab Paal ||1|| Rehaao ||	As Gurmukh, I sing the Glorious Praises of the Lord's Name. You are Infinite, the Cherisher of all. ||1||Pause||	ਹੇ ਸਭ ਜੀਵਾਂ ਨੂੰ ਪਾਲਣ ਵਾਲੇ ਪ੍ਰਭੂ! ਤੂੰ ਬੜਾ ਹੀ ਬੇਅੰਤ ਹੈਂ। ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਤੇਰੀ ਸਿਫ਼ਤ-ਸਾਲਾਹ ਕਰਦਾ ਹੈ ॥੧॥ ਰਹਾਉ ॥
50351	1169	ਬਿਨੁ ਸਾਧ ਨ ਪਾਈਐ ਹਰਿ ਕਾ ਸੰਗੁ॥		Bin Saadhh N Paaeeai Har Kaa Sang ||	Without the Holy Saint, association with the Lord is not obtained.	ਗੁਰੂ ਦੀ ਸਰਨ ਤੋਂ ਬਿਨਾ ਪਰਮਾਤਮਾ ਦਾ ਸਾਥ ਪ੍ਰਾਪਤ ਨਹੀਂ ਹੁੰਦਾ,
50352	1169	ਬਿਨੁ ਗੁਰ ਮੈਲ ਮਲੀਨ ਅੰਗੁ॥		Bin Gur Mail Maleen Ang ||	Without the Guru, one's very fiber is stained with filth.	(ਕਿਉਂਕਿ) ਗੁਰੂ ਤੋਂ ਬਿਨਾ ਮਨੁੱਖ ਦਾ ਸਰੀਰ (ਵਿਕਾਰਾਂ ਦੀ) ਮੈਲ ਨਾਲ ਗੰਦਾ ਰਹਿੰਦਾ ਹੈ।
50353	1169	ਬਿਨੁ ਹਰਿ ਨਾਮ ਨ ਸੁਧੁ ਹੋਇ॥		Bin Har Naam N Sudhh Hoe ||	Without the Lord's Name, one cannot become pure.	ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ (ਇਹ ਸਰੀਰ) ਪਵਿਤ੍ਰ ਨਹੀਂ ਹੋ ਸਕਦਾ।

50354	1169	ਗੁਰ ਸਬਦਿ ਸਲਾਹੇ ਸਾਚੁ ਸੋਇ॥੨॥		Gur Sabadh Salaahae Saach Soe ||2||	Through the Word of the Guru's Shabad, sing the Praises of the True Lord. ||2||	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਦਾ ਹੈ ਉਹ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦਾ ਹੈ ॥੨॥
50355	1169	ਜਾ ਕਉ ਤੂ ਰਾਖਹਿ ਰਖਨਹਾਰ॥		Jaa Ko Thoo Raakhehi Rakhanehaar ||	O Savior Lord, that person whom You have saved	ਹੇ ਰੱਖਣਹਾਰ ਪ੍ਰਭੂ! ਜਿਸ ਨੂੰ ਤੂੰ ਆਪ (ਵਿਕਾਰਾਂ ਤੋਂ) ਬਚਾਂਦਾ ਹੈਂ,
50356	1169	ਸਤਿਗੁਰੂ ਮਿਲਾਵਹਿ ਕਰਹਿ ਸਾਰ॥		Sathiguroo Milaavehi Karehi Saar ||	- You lead him to meet the True Guru, and so take care of him.	ਜਿਸ ਨੂੰ ਤੂੰ ਗੁਰੂ ਮਿਲਾਂਦਾ ਹੈਂ ਤੇ ਜਿਸ ਦੀ ਤੂੰ ਸੰਭਾਲ ਕਰਦਾ ਹੈਂ,
50357	1169	ਬਿਖੁ ਹਉਮੈ ਮਮਤਾ ਪਰਹਰਾਇ॥	ਪਰ-ਹਰਾਇ	Bikh Houmai Mamathaa Pareharaae ||	You take away his poisonous egotism and attachment.	ਉਹ ਮਨੁੱਖ ਆਪਣੇ ਅੰਦਰੋਂ ਹਉਮੈ ਤੇ ਮਲਕੀਅਤਾਂ ਬਣਾਣ ਦੇ ਜ਼ਹਰ ਨੂੰ ਦੂਰ ਕਰ ਲੈਂਦਾ ਹੈ।
50358	1169	ਸਭਿ ਦੂਖ ਬਿਨਾਸੇ ਰਾਮਰਾਇ॥੩॥		Sabh Dhookh Binaasae Raam Raae ||3||	You dispel all his sufferings, O Sovereign Lord God. ||3||	ਹੇ ਰਾਮਰਾਇ! ਤੇਰੀ ਮੇਹਰ ਨਾਲ ਉਸ ਦੇ ਸਾਰੇ ਦੁੱਖ ਨਾਸ ਹੋ ਜਾਂਦੇ ਹਨ ॥੩॥
50359	1169	ਊਤਮ ਗਤਿ ਮਿਤਿ ਹਰਿ ਗੁਨ ਸਰੀਰ॥		Ootham Gath Mith Har Gun Sareer ||	His state and condition are sublime; the Lord's Glorious Virtues permeate his body.	ਜਿਸ ਮਨੁੱਖ ਦੇ ਅੰਦਰ ਪ੍ਰਭੂ ਦੇ ਗੁਣ ਵੱਸ ਪੈਂਦੇ ਹਨ ਉਸ ਦੀ ਆਤਮਕ ਅਵਸਥਾ ਉੱਚੀ ਹੋ ਜਾਂਦੀ ਹੈ ਉਹ ਫ਼ਰਾਖ਼-ਦਿਲ ਹੋ ਜਾਂਦਾ ਹੈ,

50360	1169	ਗੁਰਮਤਿ ਪ੍ਰਗਟੇ ਰਾਮ ਨਾਮ ਹੀਰ॥		Guramath Pragattae Raam Naam Heer ||	Through the Word of the Guru's Teachings, the diamond of the Lord's Name is revealed.	ਗੁਰੂ ਦੀ ਮੱਤ ਤੇ ਤੁਰ ਕੇ ਉਸ ਦੇ ਅੰਦਰ ਪ੍ਰਭੂ-ਨਾਮ ਦਾ ਹੀਰਾ ਚਮਕ ਪੈਂਦਾ ਹੈ,
50361	1169	ਲਿਵ ਲਾਗੀ ਨਾਮਿ ਤਜਿ ਦੂਜਾ ਭਾਉ॥		Liv Laagee Naam Thaj Dhoojaa Bhaao ||	He is lovingly attuned to the Naam; he is rid of the love of duality.	ਮਾਇਆ ਦਾ ਪਿਆਰ ਤਿਆਗ ਕੇ ਉਸ ਦੀ ਸੁਰਤ ਪ੍ਰਭੂ ਦੇ ਨਾਮ ਵਿਚ ਜੁੜਦੀ ਹੈ।
50362	1169	ਜਨ ਨਾਨਕ ਹਰਿ ਗੁਰੁ ਗੁਰ ਮਿਲਾਉ॥੪॥੫॥		Jan Naanak Har Gur Gur Milaao ||4||5||	O Lord, let servant Nanak meet the Guru. ||4||5||	ਹੇ ਪ੍ਰਭੂ! (ਮੇਰੀ ਤੇਰੇ ਦਰ ਤੇ ਅਰਦਾਸਿ ਹੈ ਕਿ) ਮੈਨੂੰ ਦਾਸ ਨਾਨਕ ਨੂੰ ਗੁਰੂ ਮਿਲਾ, ਗੁਰੂ ਦਾ ਮਿਲਾਪ ਕਰਾ ਦੇ ॥੪॥੫॥
50363	1169	ਬਸੰਤੁ ਮਹਲਾ ੧॥		Basanth Mehalaa 1 ||	Basant, First Mehl:	
50364	1169	ਮੇਰੀ ਸਖੀ ਸਹੇਲੀ ਸੁਨਹੁ ਭਾਇ॥		Maeree Sakhee Sehaelee Sunahu Bhaae ||	O my friends and companions, listen with love in your heart.	ਹੇ ਮੇਰੀ (ਸਤ ਸੰਗਣ) ਸਹੇਲੀਹੋ! ਪ੍ਰੇਮ ਨਾਲ (ਮੇਰੀ ਗੱਲ) ਸੁਣੋ,
50365	1169	ਮੇਰਾ ਪਿਰੁ ਰੀਸਾਲੂ ਸੰਗਿ ਸਾਇ॥		Maeraa Pir Reesaaloo Sang Saae ||	My Husband Lord is Incomparably Beautiful; He is always with me.	(ਕਿ) ਮੇਰਾ ਸੁੰਦਰ ਪਤੀ-ਪ੍ਰਭੂ ਜਿਸ ਸਹੇਲੀ ਦੇ ਅੰਗ-ਸੰਗ ਹੈ ਉਹੀ ਸਹੇਲੀ (ਸੁਹਾਗਣਿ) ਹੈ।

50366	1169	ਓਹੁ ਅਲਖੁ ਨ ਲਖੀਐ ਕਹਹੁ ਕਾਇ॥	ਕਹ-ਹੁ	Ouhu Alakh N Lakheeai Kehahu Kaae ||	He is Unseen - He cannot be seen. How can I describe Him?	ਉਹ (ਸੋਹਣਾ ਪ੍ਰਭੂ) ਬਿਆਨ ਤੋਂ ਪਰੇ ਹੈ, ਉਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ। ਦੱਸੋ (ਹੇ ਸਹੇਲੀਹੋ!) ਉਹ (ਫਿਰ) ਕਿਵੇਂ (ਮਿਲੇ)।
50367	1170	ਗੁਰਿ ਸੰਗਿ ਦਿਖਾਇਓ ਰਾਮਰਾਇ॥੧॥		Gur Sang Dhikhaaeiou Raam Raae ||1||	The Guru has shown me that my Sovereign Lord God is with me. ||1||	ਗੁਰੂ ਨੇ ਉਹ ਪ੍ਰਕਾਸ਼-ਰੂਪ ਪ੍ਰਭੂ ਜਿਸ ਸਹੇਲੀ ਨੂੰ ਅੰਗ-ਸੰਗ ਵਿਖਾ ਦਿੱਤਾ ਹੈ, (ਉਸੇ ਨੂੰ ਉਹ ਮਿਲਿਆ ਹੈ) ॥੧॥
50368	1170	ਮਿਲੁ ਸਖੀ ਸਹੇਲੀ ਹਰਿ ਗੁਨ ਬਨੇ॥		Mil Sakhee Sehaelee Har Gun Banae ||	Joining together with my friends and companions, I am adorned with the Lord's Glorious Virtues.	ਹੇ ਮੇਰੀ ਸਖੀ ਸਹੇਲੀਹੋ! ਰਲ ਕੇ ਬੈਠੋ (ਤੇ ਪ੍ਰਭੂ-ਪਤੀ ਦੇ ਗੁਣ ਗਾਵੋ) ਪ੍ਰਭੂ ਦੇ ਗੁਣ ਗਾਵਣੇ ਹੀ (ਮਨੁੱਖਾ ਜਨਮ ਵਿਚ) ਫਬਦੇ ਹਨ।
50369	1170	ਹਰਿ ਪ੍ਰਭ ਸੰਗਿ ਖੇਲਹਿ ਵਰ ਕਾਮਨਿ ਗੁਰਮੁਖਿ ਖੋਜਤ ਮਨ ਮਨੇ॥੧॥ ਰਹਾਉ॥		Har Prabh Sang Khaelehi Var Kaaman Guramukh Khojath Man Manae ||1|| Rehaao ||	The sublime soul-brides play with their Lord God. The Gurmukhs look within themselves; their minds are filled with faith. ||1||Pause||	ਖਸਮ-ਪ੍ਰਭੂ ਦੀਆਂ ਜੇਹੜੀਆਂ ਜੀਵ-ਇਸਤ੍ਰੀਆਂ ਪ੍ਰਭੂ ਪਰਮਾਤਮਾ ਦੇ ਨਾਲ ਖੇਡਦੀਆਂ ਹਨ, ਗੁਰੂ ਦੀ ਰਾਹੀਂ ਪ੍ਰਭੂ ਦੀ ਭਾਲ ਕਰਦਿਆਂ ਉਹਨਾਂ ਦੇ ਮਨ (ਪ੍ਰਭੂ ਦੀ ਯਾਦ ਵਿਚ) ਪਤੀਜ ਜਾਂਦੇ ਹਨ ॥੧॥ ਰਹਾਉ ॥
50370	1170	ਮਨਮੁਖੀ ਦੁਹਾਗਣਿ ਨਾਹਿ ਭੇਉ॥		Manamukhee Dhuhaagan Naahi Bhaeo ||	The self-willed manmukhs, suffering in separation, do not understand this mystery.	ਆਪਣੇ ਮਨ ਦੇ ਪਿੱਛੇ ਤੁਰਨ ਵਾਲੀਆਂ ਭਾਗ-ਹੀਣ ਜੀਵ-ਇਸਤ੍ਰੀਆਂ ਨੂੰ ਇਹ ਗੁੱਝੀ ਗੱਲ ਸਮਝ ਨਹੀਂ ਆਉਂਦੀ,

50371	1170	ਓਹੁ ਘਟਿ ਘਟਿ ਰਾਵੈ ਸਰਬ ਪ੍ਰੇਉ॥		Ouhu Ghatt Ghatt Raavai Sarab Praeo ||	The Beloved Lord of all celebrates in each and every heart.	ਕਿ ਉਹ ਸਭ ਦਾ ਪਿਆਰਾ ਪ੍ਰਭੂ ਹਰੇਕ ਸਰੀਰ ਦੇ ਅੰਦਰ ਵੱਸ ਰਿਹਾ ਹੈ।
50372	1170	ਗੁਰਮੁਖਿ ਥਿਰੁ ਚੀਨੈ ਸੰਗਿ ਦੇਉ॥		Guramukh Thhir Cheenai Sang Dhaeo ||	The Gurmukh is stable, knowing that God is always with him.	ਗੁਰੂ ਦੇ ਦੱਸੇ ਰਸਤੇ ਤੁਰਨ ਵਾਲੀ ਜੀਵ-ਇਸਤ੍ਰੀ ਉਸ ਸਦਾ ਕਾਇਮ ਰਹਿਣ ਵਾਲੇ ਪ੍ਰਕਾਸ਼-ਰੂਪ ਪ੍ਰਭੂ ਨੂੰ ਆਪਣੇ ਅੰਗ-ਸੰਗ ਵੇਖਦੀ ਹੈ।
50373	1170	ਗੁਰਿ ਨਾਮੁ ਦ੍ਰਿੜਾਇਆ ਜਪੁ ਜਪੇਉ॥੨॥		Gur Naam Dhrirraaeiaa Jap Japaeo ||2||	The Guru has implanted the Naam within me; I chant it, and meditate on it. ||2||	ਗੁਰੂ ਨੇ ਉਸ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਪੱਕਾ ਕਰ ਦਿੱਤਾ ਹੈ, ਉਹ ਉਸੇ ਨਾਮ ਦਾ ਜਾਪ ਜਪਦੀ ਹੈ ॥੨॥
50374	1170	ਬਿਨੁ ਗੁਰ ਭਗਤਿ ਨ ਭਾਉ ਹੋਇ॥		Bin Gur Bhagath N Bhaao Hoe ||	Without the Guru, devotional love does not well up within.	(ਹੇ ਮੇਰੀ ਸਹੇਲੀਹੋ!) ਗੁਰੂ ਦੀ ਸਰਨ ਪੈਣ ਤੋਂ ਬਿਨਾ ਨਾਹ ਪਰਮਾਤਮਾ ਨਾਲ ਪਿਆਰ ਬਣ ਸਕਦਾ ਹੈ ਨਾਹ ਉਸ ਦੀ ਭਗਤੀ ਹੋ ਸਕਦੀ ਹੈ।
50375	1170	ਬਿਨੁ ਗੁਰ ਸੰਤ ਨ ਸੰਗੁ ਦੇਇ॥		Bin Gur Santh N Sang Dhaee ||	Without the Guru, one is not blessed with the Society of the Saints.	ਸੰਤ ਗੁਰੂ ਦੀ ਸਰਨ ਤੋਂ ਬਿਨਾ ਉਹ (ਪਿਆਰਾ ਪ੍ਰਭੂ) ਆਪਣਾ ਸਾਥ ਨਹੀਂ ਬਖ਼ਸ਼ਦਾ।
50376	1170	ਬਿਨੁ ਗੁਰ ਅੰਧੁਲੇ ਧੰਧੁ ਰੋਇ॥		Bin Gur Andhhulae Dhhandhh Roe ||	Without the Guru, the blind cry out, entangled in worldly affairs.	ਗੁਰੂ ਦੇ ਦਰ ਤੇ ਆਉਣ ਤੋਂ ਬਿਨਾ ਮਾਇਆ-ਮੋਹ ਵਿਚ ਅੰਨ੍ਹੇ ਹੋਏ ਜੀਵ ਨੂੰ ਦੁਨੀਆ ਦਾ ਜੰਜਾਲ ਹੀ ਵਿਆਪਦਾ ਹੈ, ਉਹ ਸਦਾ ਦੁਖੀ ਹੀ ਰਹਿੰਦਾ ਹੈ।

50377	1170	ਮਨੁ ਗੁਰਮੁਖਿ ਨਿਰਮਲੁ ਮਲੁ ਸਬਦਿ ਖੋਇ॥੩॥		Man Guramukh Niramal Mal Sabadh Khoe ||3||	That mortal who becomes Gurmukh becomes immaculate; the Word of the Shabad washes away his filth. ||3||	ਪਰ ਗੁਰੂ ਦੀ ਸ਼ਰਨ ਪੈਣ ਵਾਲਾ ਗੁਰੂ ਦੇ ਸ਼ਬਦ ਦੀ ਰਾਹੀਂ ਪੈ ਮਨ ਦੀ ਮੈਲ ਦਾ ਨਾਸ਼ ਕਰ ਕੇ ਮਨ ਨਿਰਮਲ ਕਰ ਲੈਂਦਾ ਹੈ ॥੩॥
50378	1170	ਗੁਰਿ ਮਨੁ ਮਾਰਿਓ ਕਰਿ ਸੰਜੋਗੁ॥		Gur Man Maariou Kar Sanjog ||	Uniting with the Guru, the mortal conquers and subdues his mind.	ਗੁਰੂ ਨੇ (ਪਰਮਾਤਮਾ ਨਾਲ) ਸੰਜੋਗ ਬਣਾ ਕੇ ਜਿਸ ਦਾ ਮਨ (ਮਾਇਆ ਦੇ ਮੋਹ ਵਲੋਂ) ਮਾਰ ਦਿੱਤਾ ਹੈ,
50379	1170	ਅਹਿ ਨਿਸਿ ਰਾਵੇ ਭਗਤਿ ਜੋਗੁ॥		Ahinis Raavae Bhagath Jog ||	Day and night, he savors the Yoga of devotional worship.	ਉਹ ਦਿਨ ਰਾਤ ਪਰਮਾਤਮਾ ਦੀ ਭਗਤੀ ਦੇ ਮਿਲਾਪ ਨੂੰ ਮਾਣਦਾ ਹੈ।
50380	1170	ਗੁਰ ਸੰਤ ਸਭਾ ਦੁਖੁ ਮਿਟੈ ਰੋਗੁ॥		Gur Santh Sabhaa Dhukh Mittai Rog ||	Associating with the Saint Guru, suffering and sickness are ended.	ਸੰਤ ਗੁਰੂ ਦੀ ਸੰਗਤ ਵਿਚ (ਬੈਠਿਆਂ ਜੀਵ ਦਾ) ਦੁੱਖ ਮਿਟ ਜਾਂਦਾ ਹੈ ਰੋਗ ਦੂਰ ਹੋ ਜਾਂਦਾ ਹੈ,
50381	1170	ਜਨ ਨਾਨਕ ਹਰਿ ਵਰੁ ਸਹਜ ਜੋਗੁ॥੪॥੬॥		Jan Naanak Har Var Sehaj Jog ||4||6||	Servant Nanak merges with his Husband Lord, in the Yoga of intuitive ease. ||4||6||	(ਕਿਉਂਕਿ) ਹੇ ਦਾਸ ਨਾਨਕ! ਉਸ ਨੂੰ ਪ੍ਰਭੂ-ਪਤੀ ਮਿਲ ਪੈਂਦਾ ਹੈ ਉਸ ਨੂੰ ਅਡੋਲ ਅਵਸਥਾ ਦਾ ਮਿਲਾਪ ਪ੍ਰਾਪਤ ਹੋ ਜਾਂਦਾ ਹੈ ॥੪॥੬॥
50382	1170	ਬਸੰਤੁ ਮਹਲਾ ੧॥		Basanth Mehalaa 1 ||	Basant, First Mehl:	
50383	1170	ਆਪੇ ਕੁਦਰਤਿ ਕਰੇ ਸਾਜਿ॥		Aapae Kudharath Karae Saaj ||	By His Creative Power, God fashioned the creation.	ਪ੍ਰਭੂ ਆਪ ਹੀ ਸਾਜ ਕੇ ਆਪਣੀ ਕੁਦਰਤਿ ਰਚਦਾ ਹੈ,

50384	1170	ਸਚੁ ਆਪਿ ਨਿਬੇੜੇ ਰਾਜੁ ਰਾਜਿ॥		Sach Aap Nibaerrae Raaj Raaj ||	The King of kings Himself adminsters true justice.	(ਇਸ ਕੁਦਰਤਿ ਵਿਚ) ਆਪਣਾ ਹੁਕਮ ਚਲਾ ਕੇ ਸਦਾ-ਥਿਰ ਰਹਿਣ ਵਾਲਾ ਪ੍ਰਭੂ ਆਪ ਹੀ (ਜੀਵਾਂ ਦੇ ਕੀਤੇ ਕਰਮਾਂ ਦੇ) ਫ਼ੈਸਲੇ ਕਰਦਾ ਹੈ।
50385	1170	ਗੁਰਮਤਿ ਊਤਮ ਸੰਗਿ ਸਾਥਿ॥		Guramath Ootham Sang Saathh ||	The most sublime Word of the Guru's Teachings is always with us.	ਜਿਨ੍ਹਾਂ ਨੂੰ ਗੁਰੂ ਦੀ ਸ੍ਰੇਸ਼ਟ ਮੱਤ ਪ੍ਰਾਪਤ ਹੁੰਦੀ ਹੈ, ਉਹਨਾਂ ਨੂੰ ਸਦਾ ਅੰਗ-ਸੰਗ ਦਿੱਸਦਾ ਹੈ।
50386	1170	ਹਰਿ ਨਾਮੁ ਰਸਾਇਣੁ ਸਹਜਿ ਆਥਿ॥੧॥		Har Naam Rasaaein Sehaj Aathh ||1||	The wealth of the Lord's Name, the source of nectar, is easily acquired. ||1||	ਸਭ ਤੋਂ ਸ੍ਰੇਸ਼ਟ ਨਾਮ-ਰਸ ਉਹਨਾਂ ਨੂੰ ਅਡੋਲ ਅਵਸਥਾ ਵਿਚ (ਟਿਕੇ ਰਹਿਣ ਕਰਕੇ ਮਿਲ ਜਾਂਦਾ) ਹੈ ॥੧॥
50387	1170	ਮਤ ਬਿਸਰਸਿ ਰੇ ਮਨ ਰਾਮ ਬੋਲਿ॥	ਬਿਸ-ਰਸਿ: ਪੋਲਾ ਬੋਲੋ	Math Bisaras Rae Man Raam Bol ||	So chant the Name of the Lord; do not forget it, O my mind.	ਹੇ (ਮੇਰੇ) ਮਨ! ਪਰਮਾਤਮਾ ਦਾ ਨਾਮ ਬੋਲ। (ਵੇਖੀਂ) ਕਿਤੇ ਭੁਲਾ ਨਾ ਦੇਈਂ।
50388	1170	ਅਪਰੰਪਰੁ ਅਗਮ ਅਗੋਚਰੁ ਗੁਰਮੁਖਿ ਹਰਿ ਆਪਿ ਤੁਲਾਏ ਅਤੁਲੁ ਤੋਲਿ॥੧॥ਰਹਾਉ॥	ਅਪ-ਰੰਪਰੁ, ਅ-ਗਮ: ਪੋਲਾ ਬੋਲੋ। (ਅਗਮ) ਸੋਗ ਰਹਿਤ।ਅ-ਤੁੱਲੁ	Aparanpar Agam Agochar Guramukh Har Aap Thulaaeae Athul Thol ||1|| Rehaao ||	The Lord is Infinite, Inaccessible and Incomprehensible; His weight cannot be weighed, but He Himself allows the Gurmukh to weigh Him. ||1||Pause||	ਉਹ ਪਰਮਾਤਮਾ ਪਰੇ ਤੋਂ ਪਰੇ ਹੈ, ਅਪਹੁੰਚ ਹੈ, ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਉਹ ਤੋਲ ਵਿਚ ਅਤੁੱਲ ਹੈ (ਭਾਵ, ਉਸ ਦੇ ਗੁਣਾਂ ਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ)। ਪਰ ਜੇਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ ਉਹਨਾਂ ਦੇ ਹਿਰਦੇ ਵਿਚ ਪ੍ਰਭੂ ਆਪ (ਆਪਣੇ ਗੁਣਾਂ ਨੂੰ) ਤੁਲਾਂਦਾ ਹੈ (ਆਪਣੀ ਸਿਫ਼ਤ-ਸਾਲਾਹ ਆਪ ਉਹਨਾਂ ਤੋਂ ਕਰਾਂਦਾ ਹੈ) ॥੧॥ ਰਹਾਉ ॥

50389	1170	ਗੁਰ ਚਰਨ ਸਰੇਵਹਿ ਗੁਰਸਿਖ ਤੋਰ॥	ਸਰੇਵ-ਹਿ	Gur Charan Saraevehi Gurasikh Thor ||	Your GurSikhs serve at the Guru's Feet.	ਹੇ ਪ੍ਰਭੂ! ਜੇਹੜੇ ਗੁਰਸਿੱਖ ਗੁਰੂ ਦੇ ਚਰਨਾਂ ਦੀ ਸੇਵਾ ਕਰਦੇ ਹਨ, ਉਹ ਤੇਰੇ (ਸੇਵਕ) ਬਣ ਜਾਂਦੇ ਹਨ।
50390	1170	ਗੁਰ ਸੇਵ ਤਰੇ ਤਜਿ ਮੇਰ ਤੋਰ॥	(ਸੇਵ) ਸੇਵਾ	Gur Saev Tharae Thaj Maer Thor ||	Serving the Guru, they are carried across; they have abandoned any distinction between 'mine' and 'yours'.	ਗੁਰੂ ਦੀ ਸੇਵਾ ਦੀ ਬਰਕਤਿ ਨਾਲ ਉਹ ਮੇਰ-ਤੇਰ ਤਿਆਗ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ।
50391	1170	ਨਰ ਨਿੰਦਕ ਲੋਭੀ ਮਨਿ ਕਠੋਰ॥		Nar Nindhak Lobhee Man Kathor ||	The slanderous and greedy people are hard-hearted.	ਪਰ ਜੇਹੜੇ ਬੰਦੇ ਦੂਜਿਆਂ ਦੀ ਨਿੰਦਿਆ ਕਰਦੇ ਹਨ, ਮਾਇਆ ਦੇ ਲੋਭ ਵਿਚ ਫਸੇ ਰਹਿੰਦੇ ਹਨ ਤੇ ਮਨੋਂ ਕਠੋਰ ਹਨ,
50392	1170	ਗੁਰ ਸੇਵ ਨ ਭਾਈ ਸਿ ਚੋਰ ਚੋਰ॥੨॥		Gur Saev N Bhaaee S Chor Chor ||2||	Those who do not love to serve the Guru are the most thieving of thieves. ||2||	(ਜਿਨ੍ਹਾਂ ਦੇ ਮਨ ਦੂਜਿਆਂ ਦੇ ਦੁੱਖ ਵੇਖ ਕੇ ਦ੍ਰਵਦੇ ਨਹੀਂ ਹਨ) ਉਹਨਾਂ ਨੂੰ ਗੁਰੂ ਦੀ ਦੱਸੀ ਸੇਵਾ ਚੰਗੀ ਨਹੀਂ ਲੱਗਦੀ ਉਹ ਮਹਾਂ ਚੋਰ ਹਨ (ਉਹਨਾਂ ਦਾ ਜੀਵਨ ਚੋਰਾਂ ਦੇ ਜੀਵਨ ਵਰਗਾ ਹੈ) ॥੨॥
50393	1170	ਗੁਰੁ ਤੁਠਾ ਬਖਸੇ ਭਗਤਿ ਭਾਉ॥		Gur Thuthaa Bakhasae Bhagath Bhaao ||	When the Guru is pleased, He blesses the mortals with loving devotional worship of the Lord.	ਜਿਨ੍ਹਾਂ ਉਤੇ ਗੁਰੂ ਪ੍ਰਸੰਨ ਹੁੰਦਾ ਹੈ ਉਹਨਾਂ ਨੂੰ ਉਹ ਪ੍ਰਭੂ ਦੀ ਭਗਤੀ ਤੇ ਪਿਆਰ ਬਖ਼ਸ਼ਦਾ ਹੈ।

50394	1170	ਗੁਰਿ ਤੁਠੈ ਪਾਈਐ ਹਰਿ ਮਹਲਿ ਠਾਉ॥		Gur Thuthai Paaeeai Har Mehal Thaao ||	When the Guru is pleased, the mortal obtains a place in the Mansion of the Lord's Presence.	ਗੁਰੂ ਦੇ ਪ੍ਰਸੰਨ ਹੋਇਆਂ ਹੀ ਪ੍ਰਭੂ ਦੇ ਦਰ ਤੇ ਥਾਂ ਮਿਲਦਾ ਹੈ।
50395	1170	ਪਰਹਰਿ ਨਿੰਦਾ ਹਰਿ ਭਗਤਿ ਜਾਗੁ॥		Parehar Nindhaa Har Bhagath Jaag ||	So renounce slander, and awaken in devotional worship of the Lord.	ਉਹ ਪਰਾਈ ਨਿੰਦਾ ਤਿਆਗ ਕੇ ਪ੍ਰਭੂ ਦੀ ਭਗਤੀ ਵਿਚ ਸਾਵਧਾਨਤਾ ਹਾਸਲ ਕਰਦੇ ਹਨ।
50396	1170	ਹਰਿ ਭਗਤਿ ਸੁਹਾਵੀ ਕਰਮਿ ਭਾਗੁ॥੩॥		Har Bhagath Suhaavee Karam Bhaag ||3||	Devotion to the Lord is wonderful; it comes through good karma and destiny. ||3||	(ਪ੍ਰਭੂ ਦੀ) ਮੇਹਰ ਨਾਲ ਪ੍ਰਭੂ ਦੀ ਸੁਹਾਵਣੀ ਭਗਤੀ (ਉਹਨਾਂ ਦੇ ਜੀਵਨ ਦਾ) ਹਿੱਸਾ ਬਣ ਜਾਂਦੀ ਹੈ ॥੩॥
50397	1170	ਗੁਰੁ ਮੇਲਿ ਮਿਲਾਵੈ ਕਰੇ ਦਾਤਿ॥		Gur Mael Milaavai Karae Dhaath ||	The Guru unites in union with the Lord, and grants the gift of the Name.	ਗੁਰੂ ਜਿਨ੍ਹਾਂ ਨੂੰ ਸੰਗਤ ਵਿਚ ਮਿਲਾਂਦਾ ਹੈ ਜਿਨ੍ਹਾਂ ਨੂੰ (ਨਾਮ ਦੀ) ਦਾਤ ਦੇਂਦਾ ਹੈ,
50398	1170	ਗੁਰਸਿਖ ਪਿਆਰੇ ਦਿਨਸੁ ਰਾਤਿ॥		Gurasikh Piaarae Dhinas Raath ||	The Guru loves His Sikhs, day and night.	ਉਹ ਪਿਆਰੇ ਗੁਰਸਿੱਖ ਦਿਨ ਰਾਤ (ਨਾਮ ਦੀ ਦਾਤ ਸਾਂਭ ਰੱਖਦੇ ਹਨ)।
50399	1170	ਫਲੁ ਨਾਮੁ ਪਰਾਪਤਿ ਗੁਰੁ ਤੁਸਿ ਦੇਇ॥	ਤੁੱਸਿ	Fal Naam Paraapath Gur Thus Dhaee ||	They obtain the fruit of the Naam, when the Guru's favor is bestowed.	ਜਿਨ੍ਹਾਂ ਨੂੰ ਗੁਰੂ ਪ੍ਰਸੰਨ ਹੋ ਕੇ ਨਾਮ ਬਖ਼ਸ਼ਦਾ ਹੈ ਉਹਨਾਂ ਨੂੰ ਪ੍ਰਭੂ ਦਾ ਨਾਮ ਜੋ ਇਨਸਾਨੀ ਜ਼ਿੰਦਗੀ ਦਾ ਅਸਲ ਮਨੋਰਥ ਹੈ, ਮਿਲ ਜਾਂਦਾ ਹੈ।

50400	1170	ਕਹੁ ਨਾਨਕ ਪਾਵਹਿ ਵਿਰਲੇ ਕੇਇ॥੪॥੭॥	ਪਾਵ-ਹਿ,ਕੇ-ਇ	Kahu Naanak Paavehi Viralae Kaee ||4||7||	Says Nanak, those who receive it are very rare indeed. ||4||7||	(ਪਰ) ਨਾਨਕ ਆਖਦਾ ਹੈ- ਇਹ ਨਾਮ ਦੀ ਦਾਤ ਕੋਈ ਵਿਰਲੇ ਭਾਗਾਂ ਵਾਲੇ ਬੰਦੇ ਹੀ ਪ੍ਰਾਪਤ ਕਰਦੇ ਹਨ ॥੪॥੭॥
50401	1170	ਬਸੰਤੁ ਮਹਲਾ ੩ ਇਕ ਤੁਕਾ॥	ਤੁਕਾ: ਪੋਲਾ ਬੋਲੋ	Basanth Mehalaa 3 Eik Thukaa ||	Basant, Third Mehl, Ik-Tukas:	
50402	1170	ਸਾਹਿਬ ਭਾਵੈ ਸੇਵਕੁ ਸੇਵਾ ਕਰੈ॥		Saahib Bhaavai Saevak Saevaa Karai ||	When it pleases our Lord and Master, His servant serves Him.	ਜੇ ਮਾਲਕ-ਪ੍ਰਭੂ ਨੂੰ ਪਸੰਦ ਆਵੇ ਤਾਂ ਹੀ (ਕੋਈ) ਸੇਵਕ ਪ੍ਰਭੂ ਦੀ ਸੇਵਾ (ਭਗਤੀ) ਕਰ ਸਕਦਾ ਹੈ।
50403	1170	ਜੀਵਤੁ ਮਰੈ ਸਭਿ ਕੁਲ ਉਧਰੈ॥੧॥	(ਉਧਰੈ) ਉਧਾਰਦਾ ਹੈ	Jeevath Marai Sabh Kul Oudhharai ||1||	He remains dead while yet alive, and redeems all his ancestors. ||1||	ਉਹ ਸੇਵਕ ਜਗਤ ਦੇ ਕਾਰ-ਵਿਹਾਰ ਕਰਦਾ ਹੋਇਆ ਹੀ ਮਾਇਆ ਦੇ ਮੋਹ ਵਲੋਂ ਉਪਰਾਮ ਰਹਿੰਦਾ ਹੈ, ਆਪਣੇ ਸਾਰੇ ਕੁਲ ਭੀ (ਇਸ ਮੋਹ ਤੋਂ) ਬਚਾ ਲੈਂਦਾ ਹੈ ॥੧॥
50404	1170	ਤੇਰੀ ਭਗਤਿ ਨ ਛੋਡਉ ਕਿਆ ਕੋ ਹਸੈ॥	ਹੱਸੈ	Thaeree Bhagath N Shhoddo Kiaa Ko Hasai ||	I shall not renounce Your devotional worship, O Lord; what does it matter if people laugh at me?	ਹੇ ਪ੍ਰਭੂ! ਮੈਂ ਤੇਰੀ ਭਗਤੀ ਨਹੀਂ ਛੱਡਾਂਗਾ (ਭਾਵੇਂ ਇਸ ਕਾਰਨ ਜਗਤ ਹਾਸੇ-ਮਖ਼ੌਲ ਕਰੇ), ਮੈਂ ਕਿਸੇ ਦੇ ਹਾਸੇ ਦੀ ਪਰਵਾਹ ਨਹੀਂ ਕਰਾਂਗਾ[
50405	1170	ਸਾਚੁ ਨਾਮੁ ਮੇਰੈ ਹਿਰਦੈ ਵਸੈ॥੧॥ ਰਹਾਉ॥		Saach Naam Maerai Hiradhai Vasai ||1|| Rehaao ||	The True Name abides within my heart. ||1||Pause||	(ਹੇ ਪ੍ਰਭੂ! ਮੇਹਰ ਕਰ! ਤੇਰਾ) ਸਦਾ ਕਾਇਮ ਰਹਿਣ ਵਾਲਾ ਨਾਮ ਮੇਰੇ ਹਿਰਦੇ ਵਿਚ ਵੱਸਿਆ ਰਹੇ ॥੧॥ ਰਹਾਉ ॥

50406	1170	ਜੈਸੇ ਮਾਇਆ ਮੋਹਿ ਪ੍ਰਾਣੀ ਗਲਤੁ ਰਹੈ॥	(ਗਲਤੁ) ਲੀਣ, ਗਲਤਾਨ	Jaisae Maaeiaa Mohi Praanee Galath Rehai ||	Just as the mortal remains engrossed in attachment to Maya,	ਜਿਵੇਂ ਕੋਈ ਪ੍ਰਾਣੀ ਮਾਇਆ ਦੇ ਮੋਹ ਵਿਚ ਡੁੱਬਾ ਰਹਿੰਦਾ ਹੈ (ਤੇ ਕਿਸੇ ਹੋਰ ਪਾਸੇ ਉਹ ਧਿਆਨ ਨਹੀਂ ਦੇਂਦਾ),
50407	1170	ਤੈਸੇ ਸੰਤ ਜਨ ਰਾਮ ਨਾਮ ਰਵਤ ਰਹੈ॥੨॥		Thaisae Santh Jan Raam Naam Ravath Rehai ||2||	So does the Lord's humble Saint remain absorbed in the Lord's Name. ||2||	ਇਸੇ ਤਰ੍ਹਾਂ ਸੰਤ ਜਨ ਪਰਮਾਤਮਾ ਦਾ ਨਾਮ ਹੀ ਸਿਮਰਦਾ ਰਹਿੰਦਾ ਹੈ ॥੨॥
50408	1170	ਮੈ ਮੂਰਖ ਮੁਗਧ ਊਪਰਿ ਕਰਹੁ ਦਇਆ॥		Mai Moorakh Mugadhh Oopar Karahu Dhaeiaa ||	I am foolish and ignorant, O Lord; please be merciful to me.	ਹੇ ਪ੍ਰਭੂ! ਮੈਂ ਮੂਰਖ ਅੰਞਾਣ ਉਤੇ ਮੇਹਰ ਕਰ,
50409	1170	ਤਉ ਸਰਣਾਗਤਿ ਰਹਉ ਪਇਆ॥੩॥	ਸਰਣਾਗਤਿ	Tho Saranaagath Reho Paeiaa ||3||	May I remain in Your Sanctuary. ||3||	(ਤਾ ਕਿ) ਮੈਂ ਤੇਰੀ ਸਰਨ ਵਿਚ ਹੀ ਪਿਆ ਰਹਾਂ ॥੩॥
50410	1170	ਕਹਤੁ ਨਾਨਕੁ ਸੰਸਾਰ ਕੇ ਨਿਹਫਲ ਕਾਮਾ॥		Kehath Naanak Sansaar Kae Nihafal Kaamaa ||	Says Nanak, worldly affairs are fruitless.	ਨਾਨਕ ਆਖਦਾ ਹੈ ਕਿ ਜਗਤ ਦੇ ਸਾਰੇ ਕੰਮ (ਆਖ਼ਰ) ਵਿਅਰਥ (ਸਾਬਤ ਹੁੰਦੇ) ਹਨ (ਫਿਰ ਭੀ ਜੀਵ ਨਿਰੇ ਦੁਨੀਆ ਦੇ ਧੰਧਿਆਂ ਵਿਚ ਹੀ ਖਚਿਤ ਰਹਿੰਦੇ ਹਨ)।
50411	1170	ਗੁਰ ਪ੍ਰਸਾਦਿ ਕੋ ਪਾਵੈ ਅੰਮ੍ਰਿਤ ਨਾਮਾ॥੪॥੮॥		Gur Prasaadh Ko Paavai Anmrith Naamaa ||4||8||	Only by Guru's Grace does one receive the Nectar of the Naam, the Name of the Lord. ||4||8||	ਗੁਰੂ ਦੀ ਕਿਰਪਾ ਨਾਲ ਕੋਈ ਵਿਰਲਾ ਬੰਦਾ ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਪ੍ਰਾਪਤ ਕਰਦਾ ਹੈ ॥੪॥੮॥

50412	1170	ਮਹਲਾ ੧ ਬਸੰਤੁ ਹਿੰਡੋਲ ਘਰੁ ੨		Mehalaa 1 Basanth Hinddol Ghar 2	First Mehl, Basant Hindol, Second House:	ਰਾਗ ਬਸੰਤੁ/ਹਿੰਡੋਲ, ਘਰ ੨ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
50413	1170	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
50414	1170	ਸਾਲਗ੍ਰਾਮ ਬਿਪ ਪੂਜਿ ਮਨਾਵਹੁ ਸੁਕ੍ਰਿਤੁ ਤੁਲਸੀ ਮਾਲਾ॥	ਸਾਲ-ਗ੍ਰਾਮ ਸੁ-ਕ੍ਰਿਤੁ	Saal Graam Bip Pooj Manaavahu Sukirath Thulasee Maalaa ||	O Brahmin, you worship and believe in your stone-god, and wear your ceremonial rosary beads.	ਹੇ ਬ੍ਰਾਹਮਣ! ਉਸ ਦਇਆਲ ਪ੍ਰਭੂ ਦੀ ਪੂਜਾ ਕਰੋ, ਉਸ ਨੂੰ ਪ੍ਰਸੰਨ ਕਰੋ, ਇਹੀ ਹੀ ਸਾਲਗ੍ਰਾਮ (ਦੀ ਪੂਜਾ)। ਨੇਕ ਆਚਰਨ ਬਣਾਓ, ਇਹ ਹੈ ਤੁਲਸੀ ਦੀ ਮਾਲਾ।
50415	1170	ਰਾਮ ਨਾਮੁ ਜਪਿ ਬੇੜਾ ਬਾਂਧਹੁ ਦਇਆ ਕਰਹੁ ਦਇਆਲਾ॥੧॥		Raam Naam Jap Baerraa Baandhhahu Dhaeiaa Karahu Dhaeiaalaa ||1||	Chant the Name of the Lord. Build your boat, and pray, ""O Merciful Lord, please be merciful to me.""||1||	ਹੇ ਬ੍ਰਾਹਮਣ! ਪਰਮਾਤਮਾ ਦਾ ਨਾਮ ਸਿਮਰ ਕੇ (ਸੰਸਾਰ-ਸਮੁੰਦਰ ਦੀਆਂ ਵਿਕਾਰਾਂ ਦੀਆਂ ਲਹਿਰਾਂ ਵਿਚੋਂ ਪਾਰ ਲੰਘਣ ਲਈ) ਇਹ ਬੇੜਾ ਤਿਆਰ ਕਰੋ, (ਸਦਾ ਪਰਮਾਤਮਾ ਦੇ ਦਰ ਤੇ ਅਰਦਾਸ ਕਰੋ ਤੇ ਆਖੋ-) ਹੇ ਦਿਆਲ ਪ੍ਰਭੂ! (ਮੇਰੇ ਉਤੇ) ਦਇਆ ਕਰ (ਤੇ ਮੈਨੂੰ ਆਪਣੇ ਨਾਮ ਦੀ ਦਾਤ ਦੇਹ) ॥੧॥

50416	1171	ਕਾਹੇ ਕਲਰਾ ਸਿੰਚਹੁ ਜਨਮੁ ਗਵਾਵਹੁ॥	ਕੱਲਰਾ।ਗਵਾਵ-ਹੁ	Kaahae Kalaraa Sinchahu Janam Gavaavahu ||	Why do you irrigate the barren, alkaline soil? You are wasting your life away!	(ਹੇ ਬ੍ਰਾਹਮਣ! ਮੂਰਤੀ ਅਤੇ ਤੁਲਸੀ ਦੀ ਪੂਜਾ ਕਰ ਕੇ) ਤੂੰ ਆਪਣਾ ਜਨਮ (ਵਿਅਰਥ) ਗਵਾ ਰਿਹਾ ਹੈਂ। (ਤੇਰਾ ਇਹ ਉੱਦਮ ਇਉਂ ਹੀ ਹੈ ਜਿਵੇਂ ਕੋਈ ਕਿਸਾਨ ਕਲਰਾਠੀ ਧਰਤੀ ਨੂੰ ਪਾਣੀ ਦੇਈ ਜਾਏ, ਕੱਲਰ ਵਿਚ ਫ਼ਸਲ ਨਹੀਂ ਉੱਗੇਗਾ) ਤੂੰ ਵਿਅਰਥ ਹੀ ਕੱਲਰ ਨੂੰ ਸਿੰਜ ਰਿਹਾ ਹੈਂ।
50417	1171	ਕਾਚੀ ਢਹਗਿ ਦਿਵਾਲ ਕਾਹੇ ਗਚੁ ਲਾਵਹੁ॥੧॥ਰਹਾਉ॥	ਸ੍ਰੀਰ ਰੂਪੀ (ਦਿਵਾਲ) ਕੰਧ।ਚੰਦਨ ਰੂਪ (ਗਚੁ) ਚੂਨਾ, ਸੁਗੰਧੀਆਂ, ਫ਼ੈਸ਼ਨ। ਗੱਚੁ	Kaachee Dtehag Dhivaal Kaahae Gach Laavahu ||1|| Rehaao ||	This wall of mud is crumbling. Why bother to patch it with plaster? ||1||Pause||	(ਗਾਰੇ ਦੀ) ਕੱਚੀ ਕੰਧ (ਜ਼ਰੂਰ) ਢਹਿ ਜਾਇਗੀ (ਅੰਦਰਲੇ ਆਚਰਨ ਨੂੰ ਵਿਸਾਰ ਕੇ ਤੂੰ ਬਾਹਰ ਤੁਲਸੀ ਆਦਿਕ ਦੀ ਪੂਜਾ ਕਰ ਰਿਹਾ ਹੈਂ, ਤੂੰ ਤਾਂ ਗਾਰੇ ਦੀ ਕੱਚੀ ਕੰਧ ਉਤੇ) ਚੂਨੇ ਦਾ ਪਲਸਤਰ ਵਿਅਰਥ ਹੀ ਕਰ ਰਿਹਾ ਹੈਂ ॥੧॥ ਰਹਾਉ ॥

50418	1171	ਕਰ ਹਰਿਹਟ ਮਾਲ ਟਿੰਡ ਪਰੋਵਹੁ ਤਿਸੁ ਭੀਤਰਿ ਮਨੁ ਜੋਵਹੁ॥	ਨਾਮੁ ਰੂਪ (ਹਰਿ-ਹਟ) ਹਲਟ। ਪ੍ਰੀਤ ਰੂਪ (ਮਾਲ) ਨਿਮ੍ਰਤਾ ਹਲੀਮੀ ਗ੍ਰੀਬੀ ਪ੍ਰੇਮ ਇਕਾਗ੍ਰਤਾ ਸ਼ਾਂਤੀ ਧੀਰਜ ਸਿਮਰਨ ਖਿਮਾ ਸਹਿਨਸ਼ੀਲਤਾ ਆਦਿ ਸ਼ੁਭ ਗੁਣਾਂ ਰੂਪ ਟਿੰਡਾਂ, ਮਨੁ ਰੂਪੀ ਬੈਲ (ਜੋਵ-ਹੁ) ਜੋੜੋ	Kar Harihatt Maal Ttindd Parovahu This Bheethar Man Jovahu ||	Let your hands be the buckets, strung on the chain, and yoke the mind as the ox to pull it; draw the water up from the well.	(ਕਿਸਾਨ ਆਪਣੀ ਪੈਲੀ ਦੇ ਕਿਆਰੇ ਸਿੰਜਣ ਵਾਸਤੇ ਖੂਹ ਨੂੰ ਘੜਮਾਲ੍ਹਦਾ ਹੈ, ਆਪਣੇ ਬਲਦ ਜੋਅ ਕੇ ਖੂਹ ਚਲਾਂਦਾ ਹੈ ਤੇ ਪਾਣੀ ਨਾਲ ਕਿਆਰੇ ਭਰਦਾ ਹੈ, ਇਸੇ ਤਰ੍ਹਾਂ ਹੇ ਬ੍ਰਾਹਮਣ!) ਹੱਥੀਂ ਸੇਵਾ ਕਰਨ ਨੂੰ ਹਰ੍ਹਟ ਤੇ ਹਰ੍ਹਟ ਦੀ ਮਾਲ੍ਹ ਤੇ ਉਸ ਮਾਲ੍ਹ ਵਿਚ ਟਿੰਡਾਂ ਜੋੜਨਾ ਬਣਾ।
50419	1171	ਅੰਮ੍ਰਿਤੁ ਸਿੰਚਹੁ ਭਰਹੁ ਕਿਆਰੇ ਤਉ ਮਾਲੀ ਕੇ ਹੋਵਹੁ॥੨॥		Anmrith Sinchahu Bharahu Kiaarae Tho Maalee Kae Hovahu ||2||	Irrigate your fields with the Ambrosial Nectar, and you shall be owned by God the Gardener. ||2||	(ਹੱਥੀਂ ਸੇਵਾ ਵਾਲੇ ਘੜਮਾਲ੍ਹੇ ਖੂਹ) ਵਿਚ ਆਪਣਾ ਮਨ ਜੋਅ, ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਸਿੰਜ ਤੇ ਆਪਣੇ ਗਿਆਨ-ਇੰਦ੍ਰਿਆਂ ਦੇ ਕਿਆਰੇ ਇਸ ਨਾਮ-ਜਲ ਨਾਲ ਨਕਾਨਕ ਭਰ। ਤਦੋਂ ਹੀ ਤੂੰ ਇਸ ਜਗਤ-ਬਾਗ਼ ਦੇ ਪਾਲਣ-ਹਾਰ ਪ੍ਰਭੂ ਦਾ ਪਿਆਰਾ ਬਣੇਗਾ ॥੨॥

50420	1171	ਕਾਮੁ ਕ੍ਰੋਧੁ ਦੁਇ ਕਰਹੁ ਬਸੋਲੇ ਗੋਡਹੁ ਧਰਤੀ ਭਾਈ॥	ਬੁੱਧ ਰੂਪ ਧਰਤੀ ਚੋਂ, ਕਾਮ ਕ੍ਰੋਧ ਨਦੀਨ ਨੂੰ ਪੁੱਟਣ ਲਈ, ਖਲੋਕੇ ਗੋਡਣ ਵਾਲੇ ਸੱਤ ਸੰਤੋਖ ਦੇ (ਬਸੋਲੇ) ਕਸੀਏ	Kaam Krodhh Dhue Karahu Basolae Goddahu Dhharathee Bhaaee ||	Let sexual desire and anger be your two shovels, to dig up the dirt of your farm, O Siblings of Destiny.	(ਕਿਸਾਨ ਉੱਗੀ ਖੇਤੀ ਨੂੰ ਰੰਬੇ ਨਾਲ ਗੋਡੀ ਦੇਂਦਾ ਹੈ। ਫ਼ਸਲ ਦੇ ਹਰੇਕ ਬੂਟੇ ਨੂੰ ਪਿਆਰ ਨਾਲ ਸਾਂਭ ਕੇ ਬਚਾਈ ਜਾਂਦਾ ਹੈ, ਤੇ ਫ਼ਾਲਤੂ ਘਾਹ ਬੂਟ ਨਦੀਣ ਨੂੰ, ਮਾਨੇ, ਗੁੱਸੇ ਨਾਲ ਪੁੱਟ ਪੁੱਟ ਕੇ ਬਾਹਰ ਸੁੱਟਦਾ ਜਾਂਦਾ ਹੈ, ਤੂੰ ਭੀ) ਹੇ ਭਾਈ! ਆਪਣੇ ਸਰੀਰ-ਧਰਤੀ ਨੂੰ ਗੋਡ, ਪਿਆਰ ਅਤੇ ਗੁੱਸਾ ਇਹ ਦੋ ਰੰਬੇ ਬਣਾ (ਦੈਵੀ ਗੁਣਾਂ ਨੂੰ ਪਿਆਰ ਨਾਲ ਬਚਾਈ ਰੱਖ, ਵਿਕਾਰਾਂ ਨੂੰ ਗੁੱਸੇ ਨਾਲ ਜੜ੍ਹੋਂ ਪੁੱਟਦਾ ਜਾਹ)।
50421	1171	ਜਿਉ ਗੋਡਹੁ ਤਿਉ ਤੁਮ੍ਹ ਸੁਖ ਪਾਵਹੁ ਕਿਰਤੁ ਨ ਮੇਟਿਆ ਜਾਈ॥੩॥		Jio Goddahu Thio Thumh Sukh Paavahu Kirath N Maettiaa Jaaee ||3||	The more you dig, the more peace you shall find. Your past actions cannot be erased. ||3||	ਜਿਉਂ ਜਿਉਂ ਤੂੰ ਇਸ ਤਰ੍ਹਾਂ ਗੋਡੀ ਕਰੇਂਗਾ, ਤਿਉਂ ਤਿਉਂ ਆਤਮਕ ਸੁਖ ਮਾਣੇਂਗਾ। ਤੇਰੀ ਕੀਤੀ ਇਹ ਮੇਹਨਤ ਵਿਅਰਥ ਨਹੀਂ ਜਾਇਗੀ ॥੩॥
50422	1171	ਬਗੁਲੇ ਤੇ ਫੁਨਿ ਹੰਸੁਲਾ ਹੋਵੈ ਜੇ ਤੂ ਕਰਹਿ ਦਇਆਲਾ॥		Bagulae Thae Fun Hansulaa Hovai Jae Thoo Karehi Dhaeiaalaa ||	The crane is again transformed into a swan, if You so will, O Merciful Lord.	ਹੇ ਪ੍ਰਭੂ! ਹੇ ਦਿਆਲ ਪ੍ਰਭੂ! ਜੇ ਤੂੰ ਮੇਹਰ ਕਰੇਂ ਤਾਂ (ਤੇਰੀ ਮੇਹਰ ਨਾਲ ਮਨੁੱਖ ਪਖੰਡੀ) ਬਗੁਲੇ ਤੋਂ ਸੋਹਣਾ ਹੰਸ ਬਣ ਸਕਦਾ ਹੈ।

50423	1171	ਪ੍ਰਣਵਤਿ ਨਾਨਕੁ ਦਾਸਨਿ ਦਾਸਾ ਦਇਆ ਕਰਹੁ ਦਇਆਲਾ॥੪॥੧॥੯॥		Pranavath Naanak Dhaasan Dhaasaa Dhaeiaa Karahu Dhaeiaalaa ||4||1||9||	Prays Nanak, the slave of Your slaves: O Merciful Lord, have mercy on me. ||4||1||9||	ਤੇਰੇ ਦਾਸਾਂ ਦਾ ਦਾਸ ਨਾਨਕ ਬੇਨਤੀ ਕਰਦਾ ਹੈ (ਤੇ ਆਖਦਾ ਹੈ ਕਿ) ਹੇ ਦਿਆਲ ਪ੍ਰਭੂ! ਮੇਹਰ ਕਰ (ਤੇ ਬਗੁਲੇ ਤੋਂ ਹੰਸ ਕਰਨ ਵਾਲਾ ਆਪਣਾ ਨਾਮ ਬਖ਼ਸ਼) ॥੪॥੧॥੯॥
50424	1171	ਬਸੰਤੁ ਮਹਲਾ ੧ ਹਿੰਡੋਲ॥		Basanth Mehalaa 1 Hinddol ||	Basant, First Mehl, Hindol:	
50425	1171	ਸਾਹੁਰੜੀ ਵਥੁ ਸਭੁ ਕਿਛੁ ਸਾਝੀ ਪੇਵਕੜੈ ਧਨ ਵਖੇ॥	ਵੱਥੁ। ਸਾਂਝੀ। ਵੱਖੇ	Saahurarree Vathh Sabh Kishh Saajhee Paevakarrai Dhhan Vakhae ||	In the House of the Husband Lord - in the world hereafter everything is jointly owned; but in this world - in the house of the soul-bride's parents the soul-bride owns them separately.	ਆਤਮਕ ਜੀਵਨ ਦੀ ਦਾਤ ਜੋ ਪਤੀ-ਪ੍ਰਭੂ ਵਲੋਂ ਮਿਲੀ ਸੀ ਉਹ ਤਾਂ ਸਭਨਾਂ ਨਾਲ ਵੰਡੀ ਜਾ ਸਕਣ ਵਾਲੀ ਸੀ, ਪਰ ਜਗਤ-ਪੇਕੇ ਘਰ ਵਿਚ ਰਹਿੰਦਿਆਂ (ਮਾਇਆ ਦੇ ਮੋਹ ਦੇ ਪ੍ਰਭਾਵ ਹੇਠ) ਮੈਂ ਜੀਵ-ਇਸਤ੍ਰੀ ਵਿਤਕਰੇ ਹੀ ਸਿੱਖਦੀ ਰਹੀ।

50426	1171	ਆਪਿ ਕੁਚਜੀ ਦੋਸੁ ਨ ਦੇਊ ਜਾਣਾ ਨਾਹੀ ਰਖੇ॥੧॥	ਕੁ-ਚੱਜੀ	Aap Kuchajee Dhos N Dhaeoo Jaanaa Naahee Rakhae ||1||	She herself is ill-mannered; how can she blame anyone else? She does not know how to take care of these things. ||1||	ਮੈਂ ਆਪ ਹੀ ਕੁਚੱਜੀ ਰਹੀ (ਭਾਵ, ਮੈਂ ਸੋਹਣੀ ਜੀਵਨ-ਜੁਗਤਿ ਨਾਹ ਸਿੱਖੀ। ਇਸ ਕੁਚੱਜ ਵਿਚ ਦੁੱਖ ਸਹੇੜੇ ਹਨ, ਪਰ) ਮੈਂ ਕਿਸੇ ਹੋਰ ਉਤੇ (ਇਹਨਾਂ ਦੁੱਖਾਂ ਬਾਰੇ) ਕੋਈ ਦੋਸ ਨਹੀਂ ਲਾ ਸਕਦੀ। (ਪਤੀ-ਪ੍ਰਭੂ ਵਲੋਂ ਮਿਲੀ ਆਤਮਕ ਜੀਵਨ ਦੀ ਦਾਤ ਨੂੰ) ਸਾਂਭ ਕੇ ਰੱਖਣ ਦੀ ਮੈਨੂੰ ਜਾਚ ਨਹੀਂ ਆਈ ॥੧॥
50427	1171	ਮੇਰੇ ਸਾਹਿਬਾ ਹਉ ਆਪੇ ਭਰਮਿ ਭੁਲਾਣੀ॥		Maerae Saahibaa Ho Aapae Bharam Bhulaanee ||	O my Lord and Master, I am deluded by doubt.	ਹੇ ਮੇਰੇ ਮਾਲਕ-ਪ੍ਰਭੂ! ਮੈਂ ਆਪ ਹੀ (ਮਾਇਆ ਦੇ ਮੋਹ ਦੀ) ਭਟਕਣਾ ਵਿਚ ਪੈ ਕੇ ਜੀਵਨ ਦੇ ਸਹੀ ਰਸਤੇ ਤੋਂ ਖੁੰਝੀ ਹੋਈ ਹਾਂ।

50428	1171	ਅਖਰ ਲਿਖੇ ਸੇਈ ਗਾਵਾ ਅਵਰ ਨ ਜਾਣਾ ਬਾਣੀ॥੧॥ਰਹਾਉ॥		Akhar Likhae Saeee Gaavaa Avar N Jaanaa Baanee ||1|| Rehaao ||	I sing the Word which You have written; I do not know any other Word. ||1||Pause||	(ਮਾਇਆ ਦੇ ਮੋਹ ਵਿਚ ਫਸ ਕੇ ਜਿਤਨੇ ਭੀ ਕਰਮ ਮੈਂ ਜਨਮਾਂ ਜਨਮਾਂਤਰਾਂ ਤੋਂ ਕਰਦੀ ਆ ਰਹੀ ਹਾਂ, ਉਹਨਾਂ ਦੇ ਜੋ) ਸੰਸਕਾਰ ਮੇਰੇ ਮਨ ਵਿਚ ਉੱਕਰੇ ਪਏ ਹਨ, ਮੈਂ ਉਹਨਾਂ ਨੂੰ ਹੀ ਗਾਂਦੀ ਚਲੀ ਜਾ ਰਹੀ ਹਾਂ (ਉਹਨਾਂ ਦੀ ਹੀ ਪ੍ਰੇਰਨਾ ਹੇਠ ਮੁੜ ਮੁੜ ਉਹੋ ਜਿਹੇ ਕਰਮ ਕਰਦੀ ਜਾ ਰਹੀ ਹਾਂ) ਮੈਂ (ਮਨ ਦੀ) ਕੋਈ ਘਾੜਤ (ਘੜਨੀ) ਨਹੀਂ ਜਾਣਦੀ ਹਾਂ (ਮੈਂ ਕੋਈ ਐਸੇ ਕੰਮ ਕਰਨੇ ਨਹੀਂ ਜਾਣਦੀ ਜਿਨ੍ਹਾਂ ਨਾਲ ਮੇਰੇ ਅੰਦਰੋਂ ਮਾਇਆ ਦੇ ਮੋਹ ਦੇ ਸੰਸਕਾਰ ਮੁੱਕ ਜਾਣ) ॥੧॥ ਰਹਾਉ ॥
50429	1171	ਕਢਿ ਕਸੀਦਾ ਪਹਿਰਹਿ ਚੋਲੀ ਤਾਂ ਤੁਮ੍ ਜਾਣਹੁ ਨਾਰੀ॥		Kadt Kaseedhaa Pehirehi Cholee Thaan Thumh Jaanahu Naaree ||	She alone is known as the Lord's bride, who embroiders her gown in the Name.	ਜੇਹੜੀਆਂ ਜੀਵ-ਇਸਤ੍ਰੀਆਂ ਸ਼ੁਭ ਗੁਣਾਂ ਦੇ ਸੋਹਣੇ ਚਿੱਤਰ (ਆਪਣੇ ਮਨ ਵਿਚ ਬਣਾ ਕੇ) ਪ੍ਰੇਮ ਦਾ ਪਟੋਲਾ ਪਹਿਨਦੀਆਂ ਹਨ ਉਹਨਾਂ ਨੂੰ ਹੀ ਸੁਚੱਜੀਆਂ ਇਸਤ੍ਰੀਆਂ ਸਮਝੋ।

50430	1171	ਜੇ ਘਰੁ ਰਾਖਹਿ ਬੁਰਾ ਨ ਚਾਖਹਿ ਹੋਵਹਿ ਕੰਤ ਪਿਆਰੀ॥੨॥		Jae Ghar Raakhehi Buraa N Chaakhehi Hovehi Kanth Piaaree ||2||	She who preserves and protects the home of her own heart and does not taste of evil, shall be the Beloved of her Husband Lord. ||2||	ਜੇਹੜੀਆਂ ਇਸਤ੍ਰੀਆਂ ਆਪਣਾ (ਆਤਮਕ ਜੀਵਨ ਦਾ) ਘਰ ਸਾਂਭ ਕੇ ਰੱਖਦੀਆਂ ਹਨ ਕੋਈ ਵਿਕਾਰ ਕੋਈ ਭੈੜ ਨਹੀਂ ਚੱਖਦੀਆਂ (ਭਾਵ, ਜੋ ਮਾੜੇ ਰਸਾਂ ਵਿਚ ਪਰਵਿਰਤ ਨਹੀਂ ਹੁੰਦੀਆਂ) ਉਹ ਖਸਮ-ਪ੍ਰਭੂ ਨੂੰ ਪਿਆਰੀਆਂ ਲੱਗਦੀਆਂ ਹਨ ॥੨॥
50431	1171	ਜੇ ਤੂੰ ਪੜਿਆ ਪੰਡਿਤੁ ਬੀਨਾ ਦੁਇ ਅਖਰ ਦੁਇ ਨਾਵਾ॥	ਪੜ੍ਹਿਆ	Jae Thoon Parriaa Panddith Beenaa Dhue Akhar Dhue Naavaa ||	If you are a learned and wise religious scholar, then make a boat of the letters of the Lord's Name.	ਜੇ ਤੂੰ ਸਚ ਮੁਚ ਪੜ੍ਹਿਆ-ਲਿਖਿਆ ਵਿਦਵਾਨ ਹੈਂ ਸਿਆਣਾ ਹੈਂ (ਤਾਂ ਇਹ ਗੱਲ ਪੱਕੀ ਤਰ੍ਹਾਂ ਸਮਝ ਲੈ ਕਿ ਸੰਸਾਰ-ਸਮੁੰਦਰ ਦੇ ਵਿਕਾਰਾਂ ਦੇ ਪਾਣੀਆਂ ਵਿਚੋਂ ਪਾਰ ਲੰਘਾਣ ਲਈ) ਹਰਿ-ਨਾਮ ਹੀ ਬੇੜੀ ਹੈ।
50432	1171	ਪ੍ਰਣਵਤਿ ਨਾਨਕੁ ਏਕੁ ਲੰਘਾਏ ਜੇ ਕਰਿ ਸਚਿ ਸਮਾਵਾਂ॥੩॥੨॥੧੦॥		Pranavath Naanak Eaek Langhaaeae Jae Kar Sach Samaavaan ||3||2||10||	Prays Nanak, the One Lord shall carry you across, if you merge in the True Lord. ||3||2||10||	ਨਾਨਕ ਬੇਨਤੀ ਕਰਦਾ ਹੈ ਕਿ ਹਰਿ-ਨਾਮ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਂਦਾ ਹੈ ਜੇ ਮੈਂ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੇ ਨਾਮ ਵਿਚ ਟਿਕਿਆ ਰਹਾਂ ॥੩॥੨॥੧੦॥
50433	1171	ਬਸੰਤ ਹਿੰਡੋਲ ਮਹਲਾ ੧॥		Basanth Hinddol Mehalaa 1 ||	Basant Hindol, First Mehl:	

50434	1171	ਰਾਜਾ ਬਾਲਕੁ ਨਗਰੀ ਕਾਚੀ ਦੁਸਟਾ ਨਾਲਿ ਪਿਆਰੋ॥		Raajaa Baalak Nagaree Kaachee Dhusattaa Naal Piaaro ||	The king is just a boy, and his city is vulnerable. He is in love with his wicked enemies.	ਹੇ ਪੰਡਿਤ! (ਜੇ ਕੋਈ ਵਿਚਾਰ ਦੀ ਗੱਲ ਕਰਨੀ ਹੈ ਤਾਂ) ਇਹ ਸੋਚੋ ਕਿ (ਸਰੀਰ-ਨਗਰੀ ਉਤੇ) ਰਾਜ ਕਰਨ ਵਾਲਾ ਮਨ ਅੰਞਾਣ ਹੈ, ਇਹ ਸਰੀਰ-ਨਗਰ ਭੀ ਕੱਚਾ ਹੈ (ਬਾਹਰੋਂ ਵਿਕਾਰਾਂ ਦੇ ਹੱਲਿਆਂ ਦਾ ਟਾਕਰਾ ਕਰਨ-ਜੋਗਾ ਨਹੀਂ ਹੈ ਕਿਉਂਕਿ ਗਿਆਨ-ਇੰਦ੍ਰੇ ਕਮਜ਼ੋਰ ਹਨ)। (ਫਿਰ ਇਸ ਅੰਞਾਣ ਮਨ ਦਾ) ਪਿਆਰ ਭੀ ਕਾਮਾਦਿਕ ਭੈੜੇ ਸਾਥੀਆਂ ਨਾਲ ਹੀ ਹੈ।
50435	1171	ਦੁਇ ਮਾਈ ਦੁਇ ਬਾਪਾ ਪੜੀਅਹਿ ਪੰਡਿਤ ਕਰਹੁ ਬੀਚਾਰੋ॥੧॥	ਪੜੀ-ਅਹਿ	Dhue Maaee Dhue Baapaa Parreeahi Panddith Karahu Beechaaro ||1||	He reads of his two mothers and his two fathers; O Pandit, reflect on this. ||1||	ਇਸ ਦੀਆਂ ਮਾਵਾਂ ਭੀ ਦੋ ਸੁਣੀਦੀਆਂ ਹਨ (ਬੁੱਧੀ ਅਤੇ ਅਵਿੱਦਿਆ), ਇਸ ਦੇ ਪਿਉ ਭੀ ਦੋ ਹੀ ਦੱਸੀਦੇ ਹਨ (ਪਰਮਾਤਮਾ ਅਤੇ ਮਾਇਆ-ਵੇੜ੍ਹਿਆ ਜੀਵਾਤਮਾ। ਆਮ ਤੌਰ ਤੇ ਇਹ ਅੰਞਾਣ ਮਨ ਅਵਿੱਦਿਆ ਅਤੇ ਮਾਇਆ-ਵੇੜ੍ਹੇ ਜੀਵਾਤਮਾ ਦੇ ਢਹੇ ਚੜ੍ਹਿਆ ਰਹਿੰਦਾ ਹੈ) ॥੧॥
50436	1171	ਸੁਆਮੀ ਪੰਡਿਤਾ ਤੁਮ੍ ਦੇਹੁ ਮਤੀ॥	ਮੱਤੀ	Suaamee Panddithaa Thumh Dhaehu Mathee ||	O Master Pandit, teach me about this.	ਹੇ ਪੰਡਿਤ ਜੀ ਮਹਾਰਾਜ! ਤੁਸੀਂ ਤਾਂ ਹੋਰ ਹੋਰ ਤਰ੍ਹਾਂ ਦੀ ਸਿੱਖਿਆ ਦੇ ਰਹੋ ਹੋ,

50437	1171	ਕਿਨ ਬਿਧਿ ਪਾਵਉ ਪ੍ਰਾਨਪਤੀ॥੧॥ਰਹਾਉ ॥		Kin Bidhh Paavo Praanapathee ||1|| Rehaao ||	How can I obtain the Lord of life? ||1||Pause||	(ਅਜੇਹੀ ਦਿੱਤੀ ਮੱਤ ਨਾਲ) ਮੈਂ ਆਪਣੇ ਪ੍ਰਾਣਾਂ ਦੇ ਮਾਲਕ ਪਰਮਾਤਮਾ ਨੂੰ ਕਿਵੇਂ ਮਿਲ ਸਕਦਾ ਹਾਂ? ॥੧॥ ਰਹਾਉ ॥
50438	1171	ਭੀਤਰਿ ਅਗਨਿ ਬਨਾਸਪਤਿ ਮਉਲੀ ਸਾਗਰੁ ਪੰਡੈ ਪਾਇਆ॥	ਮਉੱਲੀ: ਕਸਕੇ	Bheethar Agan Banaasapath Moulee Saagar Panddai Paaeiaa ||	There is fire within the plants which bloom; the ocean is tied into a bundle.	ਸਰੀਰ ਦੇ ਅੰਦਰ ਵਿਕਾਰਾਂ ਦੀ ਅੱਗ (ਮਚੀ ਹੋਈ ਹੈ) ਜਵਾਨੀ ਭੀ ਲਹਿਰਾਂ ਲੈ ਰਹੀ ਹੈ (ਜਿਵੇਂ ਹਰੀ-ਭਰੀ ਬਨਸਪਤੀ ਦੇ ਅੰਦਰ ਅੱਗ ਲੁਕੀ ਰਹਿੰਦੀ ਹੈ), ਮਾਇਕ ਵਾਸਨਾਂ ਦਾ ਸਮੁੰਦਰ ਇਸ ਸਰੀਰ ਦੇ ਅੰਦਰ ਠਾਠਾਂ ਮਾਰ ਰਿਹਾ ਹੈ (ਮਾਨੋ, ਸਮੁੰਦਰ ਇਕ ਪਿੰਡ ਵਿਚ ਲੁਕਿਆ ਪਿਆ ਹੈ। ਸੋ, ਸਿੱਖਿਆ ਤਾਂ ਉਹ ਚਾਹੀਦੀ ਹੈ ਜੋ ਇਸ ਅੰਦਰਲੇ ਹੜ੍ਹ ਨੂੰ ਰੋਕ ਸਕੇ)।
50439	1171	ਚੰਦੁ ਸੂਰਜੁ ਦੁਇ ਘਰ ਹੀ ਭੀਤਰਿ ਐਸਾ ਗਿਆਨੁ ਨ ਪਾਇਆ॥੨॥		Chandh Sooraj Dhue Ghar Hee Bheethar Aisaa Giaan N Paaeiaa ||2||	The sun and the moon dwell in the same home in the sky. You have not obtained this knowledge. ||2||	(ਹੇ ਪੰਡਿਤ! ਤੂੰ ਤਾਂ ਹੋਰ ਹੋਰ ਕਿਸਮ ਦੀ ਮੱਤ ਦੇ ਰਿਹਾ ਹੈਂ, ਤੇਰੀ ਦਿੱਤੀ ਸਿੱਖਿਆ ਨਾਲ ਅੰਞਾਣ ਮਨ ਨੂੰ) ਇਹ ਸਮਝ ਨਹੀਂ ਆਉਂਦੀ ਕਿ ਸੀਤਲਤਾ (-ਸ਼ਾਂਤੀ) ਅਤੇ ਰੱਬੀ ਤੇਜ ਦੋਵੇਂ ਮਨੁੱਖਾ ਸਰੀਰ ਦੇ ਅੰਦਰ ਮੌਜੂਦ ਹਨ ॥੨॥

50440	1171	ਰਾਮ ਰਵੰਤਾ ਜਾਣੀਐ ਇਕ ਮਾਈ ਭੋਗੁ ਕਰੇਇ॥		Raam Ravanthaa Jaaneeai Eik Maaee Bhog Karaee ||	One who knows the All-pervading Lord, eats up the one mother - Maya.	ਉਹੀ ਮਨੁੱਖ ਪਰਮਾਤਮਾ ਦਾ ਸਿਮਰਨ ਕਰਦਾ ਸਮਝਿਆ ਜਾ ਸਕਦਾ ਹੈ ਜੋ (ਬੁੱਧੀ ਤੇ ਅਵਿੱਦਿਆ ਦੇ ਮਾਂਵਾਂ ਵਿਚੋਂ) ਇਕ ਮਾਂ (ਅਵਿੱਦਿਆ ਨੂੰ) ਮੁਕਾ ਦੇਵੇ।
50441	1171	ਤਾ ਕੇ ਲਖਣ ਜਾਣੀਅਹਿ ਖਿਮਾ ਧਨੁ ਸੰਗ੍ਰਹੇਇ॥੩॥	(ਸੰਗ੍ਰਹੇ-ਇ) ਇਕੱਤ੍ਰ। ਲੱਖਣ। ਜਾਣੀ-ਅਹਿ	Thaa Kae Lakhan Jaaneeahi Khimaa Dhhan Sangrehaee ||3||	Know that the sign of such a person is that he gathers the wealth of compassion. ||3||	(ਜੇਹੜਾ ਮਨੁੱਖ ਅਵਿੱਦਿਆ-ਮਾਂ ਨੂੰ ਮੁਕਾਂਦਾ ਹੈ) ਉਸ ਦੇ (ਰੋਜ਼ਾਨਾ ਜੀਵਨ ਦੇ) ਲੱਛਣ ਇਹ ਦਿੱਸਦੇ ਹਨ ਕਿ ਉਹ ਦੂਜਿਆਂ ਦੀ ਵਧੀਕੀ ਠੰਢੇ-ਜਿਗਰੇ ਸਹਾਰਨ ਦਾ ਆਤਮਕ ਧਨ (ਸਦਾ) ਇਕੱਠਾ ਕਰਦਾ ਹੈ ॥੩॥
50442	1171	ਕਹਿਆ ਸੁਣਹਿ ਨ ਖਾਇਆ ਮਾਨਹਿ ਤਿਨ੍ਹਾ ਹੀ ਸੇਤੀ ਵਾਸਾ॥	ਇੰਦ੍ਰੇ ਕਹਿਆ ਸੁਣਿਆਂ ਖਾਧਾ ਨਹੀਂ (ਮਾਨ-ਹਿ) ਮੰਨਦੇਂ	Kehiaa Sunehi N Khaaeiaa Maanehi Thinhaa Hee Saethee Vaasaa ||	The mind lives with those who do not listen, and do not admit what they eat.	(ਇਨਸਾਨੀ ਮਨ ਬੇ-ਵੱਸ ਹੈ) ਇਸ ਦਾ ਸੰਗ ਸਦਾ ਉਹਨਾਂ (ਗਿਆਨ-ਇੰਦ੍ਰਿਆਂ) ਨਾਲ ਰਹਿੰਦਾ ਹੈ ਜੋ ਕੋਈ ਸਿੱਖਿਆ ਸੁਣਦੇ ਹੀ ਨਹੀਂ ਹਨ ਅਤੇ ਜੋ ਵਿਸ਼ੇ-ਵਿਕਾਰਾਂ ਵਲੋਂ ਕਦੇ ਰੱਜਦੇ ਭੀ ਨਹੀਂ ਹਨ।

50443	1171	ਪ੍ਰਣਵਤਿ ਨਾਨਕੁ ਦਾਸਨਿ ਦਾਸਾ ਖਿਨੁ ਤੋਲਾ ਖਿਨੁ ਮਾਸਾ॥੪॥੩॥੧੧॥		Pranavath Naanak Dhaasan Dhaasaa Khin Tholaa Khin Maasaa ||4||3||11||	Prays Nanak, the slave of the Lord's slave: one instant the mind is huge, and the next instant, it is tiny. ||4||3||11||	(ਹੇ ਪ੍ਰਭੂ! ਤੇਰੇ) ਦਾਸਾਂ ਦਾ ਦਾਸ ਨਾਨਕ ਬੇਨਤੀ ਕਰਦਾ ਹੈ (ਇਹੀ ਕਾਰਨ ਹੈ ਕਿ ਇਹ ਮਨ) ਕਦੇ ਤੋਲਾ ਹੋ ਜਾਂਦਾ ਹੈ, ਕਦੇ ਮਾਸਾ ਰਹਿ ਜਾਂਦਾ ਹੈ (ਕਦੇ ਮੁਕਾਬਲਾ ਕਰਨ ਦੀ ਹਿੰਮਤ ਕਰਦਾ ਹੈ ਤੇ ਕਦੇ ਘਬਰਾ ਜਾਂਦਾ ਹੈ) ॥੪॥੩॥੧੧॥
50444	1171	ਬਸੰਤੁ ਹਿੰਡੋਲ ਮਹਲਾ ੧॥		Basanth Hinddol Mehalaa 1 ||	Basant Hindol, First Mehl:	
50445	1171	ਸਾਚਾ ਸਾਹੁ ਗੁਰੂ ਸੁਖਦਾਤਾ ਹਰਿ ਮੇਲੇ ਭੁਖ ਗਵਾਏ॥		Saachaa Saahu Guroo Sukhadhaathaa Har Maelae Bhukh Gavaaeae ||	The Guru is the True Banker, the Giver of peace; He unites the mortal with the Lord, and satisfies his hunger.	ਗੁਰੂ ਐਸਾ ਸ਼ਾਹ ਹੈ ਜਿਸ ਦੇ ਪਾਸ ਪ੍ਰਭੂ ਦੇ ਨਾਮ ਦਾ ਧਨ ਸਦਾ ਹੀ ਟਿਕਿਆ ਰਹਿੰਦਾ ਹੈ, (ਇਸ ਵਾਸਤੇ) ਗੁਰੂ ਸੁਖ ਦੇਣ ਦੇ ਸਮਰੱਥ ਹੈ, ਗੁਰੂ ਪ੍ਰਭੂ ਨਾਲ ਮਿਲਾ ਦੇਂਦਾ ਹੈ, ਤੇ ਮਾਇਆ ਇਕੱਠੀ ਕਰਨ ਦੀ ਭੁੱਖ ਮਨੁੱਖ ਦੇ ਮਨ ਵਿਚੋਂ ਕੱਢ ਦੇਂਦਾ ਹੈ।

50446	1171	ਕਰਿ ਕਿਰਪਾ ਹਰਿ ਭਗਤਿ ਦ੍ਰਿੜਾਏ ਅਨ ਦਿਨੁ ਹਰਿ ਗੁਣ ਗਾਏ॥੧॥		Kar Kirapaa Har Bhagath Dhrirraaeae Anadhin Har Gun Gaaeae ||1||	Granting His Grace, He implants devotional worship of the Lord within; and then night and day, we sing the Glorious Praises of the Lord. ||1||	ਗੁਰੂ ਮੇਹਰ ਕਰ ਕੇ (ਸਰਨ ਆਏ ਸਿੱਖ ਦੇ ਮਨ ਵਿਚ) ਪ੍ਰਭੂ ਨੂੰ ਮਿਲਣ ਦੀ ਤਾਂਘ ਪੱਕੀ ਕਰ ਦੇਂਦਾ ਹੈ (ਕਿਉਂਕਿ ਗੁਰੂ ਆਪ) ਹਰ ਵੇਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਰਹਿੰਦਾ ਹੈ (ਆਪਣੀ ਸੁਰਤ ਸਦਾ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਟਿਕਾਈ ਰੱਖਦਾ ਹੈ) ॥੧॥
50447	1171	ਮਤ ਭੂਲਹਿ ਰੇ ਮਨ ਚੇਤਿ ਹਰੀ॥		Math Bhoolehi Rae Man Chaeth Haree ||	O my mind, do not forget the Lord; keep Him in your consciousness.	ਹੇ (ਮੇਰੇ) ਮਨ! ਪਰਮਾਤਮਾ ਨੂੰ (ਸਦਾ) ਚੇਤੇ ਰੱਖ।
50448	1171	ਬਿਨੁ ਗੁਰ ਮੁਕਤਿ ਨਾਹੀ ਤ੍ਰੈ ਲੋਈ ਗੁਰਮੁਖਿ ਪਾਈਐ ਨਾਮੁ ਹਰੀ॥੧॥ਰਹਾਉ॥		Bin Gur Mukath Naahee Thrai Loee Guramukh Paaeeai Naam Haree ||1|| Rehaao ||	Without the Guru, no one is liberated anywhere in the three worlds. The Gurmukh obtains the Lord's Name. ||1||Pause||	(ਵੇਖੀਂ, ਮਾਇਆ ਦੀ ਭੁੱਖ ਵਿਚ ਫਸ ਕੇ) ਕਿਤੇ (ਉਸ ਨੂੰ) ਭੁਲਾ ਨਾ ਦੇਈਂ। (ਪਰ) ਗੁਰੂ ਦੀ ਸਰਨ ਪਿਆਂ ਹੀ ਪਰਮਾਤਮਾ ਦਾ ਨਾਮ ਮਿਲਦਾ ਹੈ, ਗੁਰੂ ਦੀ ਸਰਨ ਪੈਣ ਤੋਂ ਬਿਨਾ ਮਾਇਆ ਦੀ ਭੁੱਖ ਤੋਂ ਖ਼ਲਾਸੀ ਨਹੀਂ ਹੋ ਸਕਦੀ (ਭਾਵੇਂ) ਤਿੰਨਾਂ ਲੋਕਾਂ ਵਿਚ ਹੀ (ਦੌੜ-ਭੱਜ ਕਰ ਕੇ ਵੇਖ ਲੈ), (ਇਸ ਵਾਸਤੇ, ਹੇ ਮਨ! ਗੁਰੂ ਦਾ ਪੱਲਾ ਫੜ) ॥੧॥ ਰਹਾਉ ॥

50449	1171	ਬਿਨੁ ਭਗਤੀ ਨਹੀ ਸਤਿਗੁਰੁ ਪਾਈਐ ਬਿਨੁ ਭਾਗਾ ਨਹੀ ਭਗਤਿ ਹਰੀ॥		Bin Bhagathee Nehee Sathigur Paaeeai Bin Bhaagaa Nehee Bhagath Haree ||	Without devotional worship, the True Guru is not obtained. Without good destiny, devotional worship of the Lord is not obtained.	ਦਿਲੀ ਖਿੱਚ ਤੋਂ ਬਿਨਾ ਸਤਿਗੁਰੂ ਭੀ ਨਹੀਂ ਮਿਲਦਾ (ਭਾਵ, ਗੁਰੂ ਦੀ ਕਦਰ ਨਹੀਂ ਪਾ ਸਕੀਦੀ), ਤੇ ਭਾਗਾਂ ਤੋਂ ਬਿਨਾ (ਪਿਛਲੇ ਸੰਸਕਾਰਾਂ ਦੀ ਰਾਸਿ-ਪੂੰਜੀ ਤੋਂ ਬਿਨਾ) ਪ੍ਰਭੂ ਨੂੰ ਮਿਲਣ ਦੀ ਤਾਂਘ (ਮਨ ਵਿਚ) ਨਹੀਂ ਉਪਜਦੀ।
50450	1171	ਬਿਨੁ ਭਾਗਾ ਸਤਸੰਗੁ ਨ ਪਾਈਐ ਕਰਮਿ ਮਿਲੈ ਹਰਿ ਨਾਮੁ ਹਰੀ॥੨॥		Bin Bhaagaa Sathasang N Paaeeai Karam Milai Har Naam Haree ||2||	Without good destiny, the Sat Sangat, the True Congregation, is not obtained. By the grace of one's good karma, the Lord's Name is received. ||2||	(ਪਿਛਲੇ ਸੰਸਕਾਰਾਂ ਦੀ ਰਾਸਿ-ਪੂੰਜੀ ਵਾਲੇ) ਭਾਗਾਂ ਤੋਂ ਬਿਨਾ ਗੁਰਮੁਖਾਂ ਦੀ ਸੰਗਤ ਨਹੀਂ ਮਿਲਦੀ (ਭਾਵ, ਸਤਸੰਗ ਦੀ ਕਦਰ ਨਹੀਂ ਪੈ ਸਕਦੀ), ਪ੍ਰਭੂ ਦੀ ਆਪਣੀ ਮੇਹਰ ਨਾਲ ਹੀ ਉਸ ਦਾ ਨਾਮ ਪ੍ਰਾਪਤ ਹੁੰਦਾ ਹੈ ॥੨॥
50451	1171	ਘਟਿ ਘਟਿ ਗੁਪਤੁ ਉਪਾਏ ਵੇਖੈ ਪਰਗਟੁ ਗੁਰਮੁਖਿ ਸੰਤ ਜਨਾ॥		Ghatt Ghatt Gupath Oupaaeae Vaekhai Paragatt Guramukh Santh Janaa ||	In each and every heart, the Lord is hidden; He creates and watches over all. He reveals Himself in the humble, Saintly Gurmukhs.	ਜੇਹੜਾ ਪ੍ਰਭੂ ਆਪ ਸਾਰੀ ਸ੍ਰਿਸ਼ਟੀ ਪੈਦਾ ਕਰਦਾ ਹੈ ਤੇ ਉਸ ਦੀ ਸੰਭਾਲ ਕਰਦਾ ਹੈ, ਉਹ ਹਰੇਕ ਸਰੀਰ ਵਿਚ ਲੁਕਿਆ ਬੈਠਾ ਹੈ, ਗੁਰੂ ਦੀ ਸਰਨ ਪੈਣ ਵਾਲੇ ਸੰਤ ਜਨਾਂ ਨੂੰ ਉਹ ਹਰ ਥਾਂ ਪ੍ਰਤੱਖ ਦਿੱਸਣ ਲੱਗ ਪੈਂਦਾ ਹੈ।

50452	1171	ਹਰਿ ਹਰਿ ਕਰਹਿ ਸੁ ਹਰਿ ਰੰਗਿ ਭੀਨੇ ਹਰਿ ਜਲੁ ਅੰਮ੍ਰਿਤ ਨਾਮੁ ਮਨਾ॥੩॥		Har Har Karehi S Har Rang Bheenae Har Jal Anmrith Naam Manaa ||3||	Those who chant the Name of the Lord, Har, Har, are drenched with the Lord's Love. Their minds are drenched with the Ambrosial Water of the Naam, the Name of the Lord. ||3||	ਉਹ ਸੰਤ ਜਨ ਸਦਾ ਪ੍ਰਭੂ ਦਾ ਨਾਮ ਜਪਦੇ ਹਨ, ਤੇ ਉਸ ਦੇ ਪਿਆਰ-ਰੰਗ ਵਿਚ ਮਸਤ ਰਹਿੰਦੇ ਹਨ, ਉਹਨਾਂ ਦੇ ਮਨ ਵਿਚ ਪ੍ਰਭੂ ਦਾ ਆਤਮਕ ਜ਼ਿੰਦਗੀ ਦੇਣ ਵਾਲਾ ਨਾਮ-ਜਲ ਸਦਾ ਵੱਸਦਾ ਰਹਿੰਦਾ ਹੈ ॥੩॥
50453	1172	ਜਿਨ ਕਉ ਤਖਤਿ ਮਿਲੈ ਵਡਿਆਈ ਗੁਰਮੁਖਿ ਸੇ ਪਰਧਾਨ ਕੀਏ॥		Jin Ko Thakhath Milai Vaddiaaee Guramukh Sae Paradhhaan Keeeae ||	Those who are blessed with the glory of the Lord's Throne - those Gurmukhs are renowned as supreme.	ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਬੰਦਿਆਂ ਨੂੰ ਹਿਰਦੇ-ਤਖ਼ਤ ਉਤੇ ਬੈਠੇ ਰਹਿਣ ਦੀ (ਭਾਵ, ਮਾਇਆ ਦੇ ਪਿੱਛੇ ਭਟਕਣ ਤੋਂ ਬਚੇ ਰਹਿਣ ਦੀ) ਇੱਜ਼ਤ ਮਿਲਦੀ ਹੈ, ਉਹਨਾਂ ਨੂੰ ਪਰਮਾਤਮਾ ਜਗਤ ਵਿਚ ਉੱਘਾ ਕਰ ਦੇਂਦਾ ਹੈ।

50454	1172	ਪਾਰਸੁ ਭੇਟਿ ਭਏ ਸੇ ਪਾਰਸ ਨਾਨਕ ਹਰਿ ਗੁਰ ਸੰਗਿ ਥੀਏ॥੪॥੪॥੧੨॥		Paaras Bhaett Bheae Sae Paaras Naanak Har Gur Sang Thheeeae ||4||4||12||	Touching the philosopher's stone, they themselves becomes the philosopher's stone; they become the companions of the Lord, the Guru. ||4||4||12||	ਹੇ ਨਾਨਕ! ਗੁਰੂ-ਪਾਰਸ ਨੂੰ ਮਿਲ ਕੇ ਉਹ ਆਪ ਭੀ ਪਾਰਸ ਹੋ ਜਾਂਦੇ ਹਨ (ਉਹਨਾਂ ਦੇ ਅੰਦਰ ਭੀ ਇਹ ਸਮਰੱਥਾ ਆ ਜਾਂਦੀ ਹੈ ਕਿ ਮਾਇਆ-ਗ੍ਰਸੇ ਮਨਾਂ ਨੂੰ ਪ੍ਰਭੂ-ਚਰਨਾਂ ਵਿਚ ਜੋੜ ਸਕਣ), ਉਹ ਬੰਦੇ ਸਦਾ ਲਈ ਪਰਮਾਤਮਾ ਤੇ ਗੁਰੂ ਦੇ ਸਾਥੀ ਬਣ ਜਾਂਦੇ ਹਨ (ਉਹਨਾਂ ਦੀ ਸੁਰਤ ਸਦਾ ਗੁਰੂ-ਪ੍ਰਭੂ ਦੇ ਚਰਨਾਂ ਵਿਚ ਟਿਕੀ ਰਹਿੰਦੀ ਹੈ ॥੪॥੪॥੧੨॥
50455	1172	ਬਸੰਤੁ ਮਹਲਾ ੩ ਘਰੁ ੧ ਦੁਤੁਕੇ		Basanth Mehalaa 3 Ghar 1 Dhuthukae	Basant, Third Mehl, First House, Du-Tukas:	ਰਾਗ ਬਸੰਤੁ, ਘਰ ੧ ਵਿੱਚ ਗੁਰੂ ਅਮਰਦਾਸ ਜੀ ਦੀ ਦੋ-ਤੁਕੀ ਬਾਣੀ।
50456	1172	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
50457	1172	ਮਾਹਾ ਰੁਤੀ ਮਹਿ ਸਦ ਬਸੰਤੁ॥		Maahaa Ruthee Mehi Sadh Basanth ||	Throughout the months and the seasons, the Lord is always in bloom.	ਹੇ ਪ੍ਰਭੂ! ਸਾਰੇ ਮਹੀਨਿਆਂ ਵਿਚ ਸਾਰੀਆਂ ਰੁੱਤਾਂ ਵਿਚ ਸਦਾ ਖਿੜੇ ਰਹਿਣ ਵਾਲਾ ਤੂੰ ਆਪ ਹੀ ਮੌਜੂਦ ਹੈਂ,
50458	1172	ਜਿਤੁ ਹਰਿਆ ਸਭੁ ਜੀਅ ਜੰਤੁ॥		Jith Hariaa Sabh Jeea Janth ||	He rejuvenates all beings and creatures.	ਜਿਸ (ਤੇਰੀ) ਬਰਕਤਿ ਨਾਲ ਹਰੇਕ ਜੀਵ ਸਜਿੰਦ ਹੈ।
50459	1172	ਕਿਆ ਹਉ ਆਖਾ ਕਿਰਮ ਜੰਤੁ॥	ਆਖਾਂ	Kiaa Ho Aakhaa Kiram Janth ||	What can I say? I am just a worm.	ਮੈਂ ਤੁੱਛ ਜਿਹਾ ਜੀਵ ਕੀਹ ਆਖ ਸਕਦਾ ਹਾਂ?

50460	1172	ਤੇਰਾ ਕਿਨੈ ਨ ਪਾਇਆ ਆਦਿ ਅੰਤੁ॥੧॥		Thaeraa Kinai N Paaeiaa Aadh Anth ||1||	No one has found Your beginning or Your end, O Lord. ||1||	ਕਿਸੇ ਨੇ ਭੀ ਤੇਰਾ ਨਾਹ ਮੁੱਢ ਲੱਭਾ ਹੈ ਨਾਹ ਅਖ਼ੀਰ ਲੱਭਾ ਹੈ ॥੧॥
50461	1172	ਤੈ ਸਾਹਿਬ ਕੀ ਕਰਹਿ ਸੇਵ॥		Thai Saahib Kee Karehi Saev ||	Those who serve You, Lord,	ਹੇ ਮਾਲਕ! ਜਿਹੜੇ ਮਨੁੱਖ ਤੇਰੀ ਸੇਵਾ-ਭਗਤੀ ਕਰਦੇ ਹਨ,
50462	1172	ਪਰਮ ਸੁਖ ਪਾਵਹਿ ਆਤਮ ਦੇਵ॥੧॥ਰਹਾਉ॥		Param Sukh Paavehi Aatham Dhaev ||1|| Rehaao ||	Obtain the greatest peace; their souls are so divine. ||1||Pause||	ਹੇ ਪ੍ਰਭੂ ਦੇਵ! ਉਹ ਸਭ ਤੋਂ ਉੱਚਾ ਆਤਮਕ ਆਨੰਦ ਮਾਣਦੇ ਹਨ ॥੧॥ ਰਹਾਉ ॥
50463	1172	ਕਰਮੁ ਹੋਵੈ ਤਾਂ ਸੇਵਾ ਕਰੈ॥		Karam Hovai Thaan Saevaa Karai ||	If the Lord is merciful, then the mortal is allowed to serve Him.	(ਜਦੋਂ ਕਿਸੇ ਮਨੁੱਖ ਉੱਤੇ ਪਰਮਾਤਮਾ ਦੀ) ਬਖ਼ਸ਼ਸ਼ ਹੁੰਦੀ ਹੈ, ਤਦੋਂ ਉਹ (ਪਰਮਾਤਮਾ ਦੀ) ਸੇਵਾ-ਭਗਤੀ ਕਰਦਾ ਹੈ,
50464	1172	ਗੁਰ ਪਰਸਾਦੀ ਜੀਵਤ ਮਰੈ॥		Gur Parasaadhee Jeevath Marai ||	By Guru's Grace, he remains dead while yet alive.	ਗੁਰੂ ਦੀ ਕਿਰਪਾ ਨਾਲ (ਉਹ ਮਨੁੱਖ) ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਵਿਕਾਰਾਂ ਤੋਂ ਬਚਿਆ ਰਹਿੰਦਾ ਹੈ,
50465	1172	ਅਨ ਦਿਨੁ ਸਾਚੁ ਨਾਮੁ ਉਚਰੈ॥	ਉੱਚਰੈ	Anadhin Saach Naam Oucharai ||	Night and day, he chants the True Name;	ਉਹ ਮਨੁੱਖ ਹਰ ਵੇਲੇ ਪਰਮਾਤਮਾ ਦਾ ਸਦਾ ਕਾਇਮ ਰਹਿਣ ਵਾਲਾ ਨਾਮ ਉਚਾਰਦਾ ਰਹਿੰਦਾ ਹੈ,

50466	1172	ਇਨ ਬਿਧਿ ਪ੍ਰਾਣੀ ਦੁਤਰੁ ਤਰੈ॥੨॥	ਦੁੱਤ-ਰੁ	Ein Bidhh Praanee Dhuthar Tharai ||2||	In this way, he crosses over the treacherous world-ocean. ||2||	ਤੇ, ਇਸ ਤਰੀਕੇ ਨਾਲ ਉਹ ਮਨੁੱਖ ਉਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ਜਿਸ ਤੋਂ ਪਾਰ ਲੰਘਣਾ ਬਹੁਤ ਔਖਾ ਹੈ ॥੨॥
50467	1172	ਬਿਖੁ ਅੰਮ੍ਰਿਤੁ ਕਰਤਾਰਿ ਉਪਾਏ॥		Bikh Anmrith Karathaar Oupaaeae ||	The Creator created both poison and nectar.	ਆਤਮਕ ਮੌਤ ਲਿਆਉਣ ਵਾਲੀ ਮਾਇਆ ਅਤੇ ਆਤਮਕ ਜੀਵਨ ਦੇਣ ਵਾਲਾ ਨਾਮ-ਇਹ ਕਰਤਾਰ ਨੇ (ਹੀ) ਪੈਦਾ ਕੀਤੇ ਹਨ।
50468	1172	ਸੰਸਾਰ ਬਿਰਖ ਕਉ ਦੁਇ ਫਲ ਲਾਏ॥		Sansaar Birakh Ko Dhue Fal Laaeae ||	He attached these two fruits to the world-plant.	ਜਗਤ-ਰੁੱਖ ਨੂੰ ਉਸ ਨੇ ਇਹ ਦੋਵੇਂ ਫਲ ਲਾਏ ਹੋਏ ਹਨ।
50469	1172	ਆਪੇ ਕਰਤਾ ਕਰੇ ਕਰਾਏ॥		Aapae Karathaa Karae Karaaeae ||	The Creator Himself is the Doer, the Cause of all.	(ਸਰਬ-ਵਿਆਪਕ ਹੋ ਕੇ) ਕਰਤਾਰ ਆਪ ਹੀ (ਸਭ ਕੁਝ) ਕਰ ਰਿਹਾ ਹੈ ਤੇ (ਜੀਵਾਂ ਪਾਸੋਂ) ਕਰਾ ਰਿਹਾ ਹੈ।
50470	1172	ਜੋ ਤਿਸੁ ਭਾਵੈ ਤਿਸੈ ਖਵਾਏ॥੩॥		Jo This Bhaavai Thisai Khavaaeae ||3||	He feeds all as He pleases. ||3||	ਜਿਸ ਜੀਵ ਨੂੰ ਜਿਹੜਾ ਫਲ ਖਵਾਣ ਦੀ ਉਸ ਦੀ ਮਰਜ਼ੀ ਹੁੰਦੀ ਹੈ ਉਸੇ ਨੂੰ ਉਹੀ ਖਵਾ ਦੇਂਦਾ ਹੈ ॥੩॥
50471	1172	ਨਾਨਕ ਜਿਸ ਨੋ ਨਦਰਿ ਕਰੇਇ॥	ਕਰੇਇ	Naanak Jis No Nadhar Karaee ||	O Nanak, when He casts His Glance of Grace,	ਹੇ ਨਾਨਕ! ਜਿਸ ਮਨੁੱਖ ਉੱਤੇ ਕਰਤਾਰ ਮਿਹਰ ਦੀ ਨਿਗਾਹ ਕਰਦਾ ਹੈ,
50472	1172	ਅੰਮ੍ਰਿਤ ਨਾਮੁ ਆਪੇ ਦੇਇ॥		Anmrith Naam Aapae Dhaee ||	He Himself bestows His Ambrosial Naam.	ਉਸ ਨੂੰ ਆਪ ਹੀ ਉਹ ਆਤਮਕ ਜੀਵਨ ਦੇਣ ਵਾਲਾ ਆਪਣਾ ਨਾਮ ਦੇਂਦਾ ਹੈ।

50473	1172	ਬਿਖਿਆ ਕੀ ਬਾਸਨਾ ਮਨਹਿ ਕਰੇਇ॥	ਮਨਹਿ	Bikhiaa Kee Baasanaa Manehi Karaee ||	Thus, the desire for sin and corruption is ended.	(ਉਸ ਦੇ ਅੰਦਰੋਂ) ਮਾਇਆ ਦੀ ਲਾਲਸਾ ਰੋਕ ਦੇਂਦਾ ਹੈ।
50474	1172	ਅਪਣਾ ਭਾਣਾ ਆਪਿ ਕਰੇਇ॥੪॥੧॥		Apanaa Bhaanaa Aap Karaee ||4||1||	The Lord Himself carries out His Own Will. ||4||1||	ਆਪਣੀ ਰਜ਼ਾ ਪਰਮਾਤਮਾ ਆਪ (ਹੀ) ਕਰਦਾ ਹੈ ॥੪॥੧॥
50475	1172	ਬਸੰਤੁ ਮਹਲਾ ੩॥		Basanth Mehalaa 3 ||	Basant, Third Mehl:	
50476	1172	ਰਾਤੇ ਸਾਚਿ ਹਰਿ ਨਾਮਿ ਨਿਹਾਲਾ॥		Raathae Saach Har Naam Nihaalaa ||	Those who are attuned to the True Lord's Name are happy and exalted.	ਹੇ ਪ੍ਰਭੂ! ਜਿਹੜੇ ਮਨੁੱਖ ਤੇਰੇ ਸਦਾ-ਥਿਰ ਨਾਮ ਵਿਚ ਰੰਗੇ ਜਾਂਦੇ ਹਨ, ਉਹ ਪ੍ਰਸੰਨ-ਚਿੱਤ ਰਹਿੰਦੇ ਹਨ।
50477	1172	ਦਇਆ ਕਰਹੁ ਪ੍ਰਭ ਦੀਨ ਦਇਆਲਾ॥		Dhaeiaa Karahu Prabh Dheen Dhaeiaalaa ||	Take pity on me, O God, Merciful to the meek.	ਹੇ ਦੀਨਾਂ ਉੱਤੇ ਦਇਆ ਕਰਨ ਵਾਲੇ ਪ੍ਰਭੂ! (ਮੇਰੇ ਉੱਤੇ ਭੀ) ਮਿਹਰ ਕਰ (ਮੈਨੂੰ ਭੀ ਆਪਣਾ ਨਾਮ ਬਖ਼ਸ਼)।
50478	1172	ਤਿਸੁ ਬਿਨੁ ਅਵਰੁ ਨਹੀ ਮੈ ਕੋਇ॥		This Bin Avar Nehee Mai Koe ||	Without Him, I have no other at all.	ਉਸ ਪ੍ਰਭੂ ਤੋਂ ਬਿਨਾ ਮੈਨੂੰ ਹੋਰ ਕੋਈ ਬੇਲੀ ਨਹੀਂ ਦਿੱਸਦਾ।
50479	1172	ਜਿਉ ਭਾਵੈ ਤਿਉ ਰਾਖੈ ਸੋਇ॥੧॥		Jio Bhaavai Thio Raakhai Soe ||1||	As it pleases His Will, He keeps me. ||1||	ਜਿਵੇਂ ਉਸ ਦੀ ਰਜ਼ਾ ਹੁੰਦੀ ਹੈ ਤਿਵੇਂ ਉਹ (ਜੀਵਾਂ ਦੀ) ਰੱਖਿਆ ਕਰਦਾ ਹੈ ॥੧॥
50480	1172	ਗੁਰ ਗੋਪਾਲ ਮੇਰੈ ਮਨਿ ਭਾਏ॥		Gur Gopaal Maerai Man Bhaaeae ||	The Guru, the Lord, is pleasing to my mind.	ਗੁਰੂ ਪਰਮੇਸਰ ਮੇਰੇ ਮਨ ਵਿਚ ਪਿਆਰਾ ਲੱਗਦਾ ਹੈ,

50481	1172	ਰਹਿ ਨ ਸਕਉ ਦਰਸਨ ਦੇਖੇ ਬਿਨੁ ਸਹਜਿ ਮਿਲਉ ਗੁਰੁ ਮੇਲਿ ਮਿਲਾਏ॥੧॥ਰਹਾਉ॥		Rehi N Sako Dharasan Dhaekhae Bin Sehaj Milo Gur Mael Milaaeae ||1|| Rehaao ||	I cannot even survive, without the Blessed Vision of His Darshan. But I shall easily unite with the Guru, if He unites me in His Union. ||1||Pause||	ਮੈਂ ਉਸ ਦਾ ਦਰਸਨ ਕਰਨ ਤੋਂ ਬਿਨਾ ਰਹਿ ਨਹੀਂ ਸਕਦਾ (ਦਰਸਨ ਤੋਂ ਬਿਨਾ ਮੈਨੂੰ ਧੀਰਜ ਨਹੀਂ ਆਉਂਦੀ)। (ਜਦੋਂ) ਗੁਰੂ (ਮੈਨੂੰ ਆਪਣੀ) ਸੰਗਤ ਵਿਚ ਮਿਲਾਂਦਾ ਹੈ, (ਤਦੋਂ) ਮੈਂ ਆਤਮਕ ਅਡੋਲਤਾ ਵਿਚ (ਟਿਕ ਕੇ ਉਸ ਨੂੰ) ਮਿਲਦਾ ਹਾਂ ॥੧॥ ਰਹਾਉ ॥
50482	1172	ਇਹੁ ਮਨੁ ਲੋਭੀ ਲੋਭਿ ਲੁਭਾਨਾ॥		Eihu Man Lobhee Lobh Lubhaanaa ||	The greedy mind is enticed by greed.	ਜਿਸ ਮਨੁੱਖ ਦਾ ਇਹ ਲਾਲਚੀ ਮਨ (ਸਦਾ) ਲਾਲਚ ਵਿਚ ਹੀ ਫਸਿਆ ਰਹਿੰਦਾ ਹੈ,
50483	1172	ਰਾਮ ਬਿਸਾਰਿ ਬਹੁਰਿ ਪਛੁਤਾਨਾ॥		Raam Bisaar Bahur Pashhuthaanaa ||	Forgetting the Lord, it regrets and repents in the end.	ਉਹ ਮਨੁੱਖ ਪਰਮਾਤਮਾ ਦਾ ਨਾਮ ਭੁਲਾ ਕੇ ਫਿਰ ਹੱਥ ਮਲਦਾ ਹੈ।
50484	1172	ਬਿਛੁਰਤ ਮਿਲਾਇ ਗੁਰ ਸੇਵ ਰਾਂਗੇ॥		Bishhurath Milaae Gur Saev Raangae ||	The separated ones are reunited, when they are inspired to serve the Guru.	ਜਿਹੜੇ ਮਨੁੱਖ ਗੁਰੂ ਦੀ ਦੱਸੀ ਹਰਿ-ਭਗਤੀ ਵਿਚ ਰੰਗੇ ਜਾਂਦੇ ਹਨ ਉਹਨਾਂ ਨੂੰ (ਪ੍ਰਭੂ-ਚਰਨਾਂ ਤੋਂ) ਵਿਛੁੜਿਆਂ ਨੂੰ ਗੁਰੂ (ਮੁੜ) ਮਿਲਾ ਦੇਂਦਾ ਹੈ।
50485	1172	ਹਰਿ ਨਾਮੁ ਦੀਓ ਮਸਤਕਿ ਵਡਭਾਗੇ॥੨॥		Har Naam Dheeou Masathak Vaddabhaagae ||2||	They are blessed with the Lord's Name - such is the destiny written on their foreheads. ||2||	ਜਿਨ੍ਹਾਂ ਦੇ ਮੱਥੇ ਉੱਤੇ ਭਾਗ ਜਾਗ ਪਏ ਉਹਨਾਂ ਨੂੰ ਗੁਰੂ ਨੇ ਪਰਮਾਤਮਾ ਦਾ ਨਾਮ ਬਖ਼ਸ਼ ਦਿੱਤਾ ॥੨॥
50486	1172	ਪਉਣ ਪਾਣੀ ਕੀ ਇਹ ਦੇਹ ਸਰੀਰਾ॥		Poun Paanee Kee Eih Dhaeh Sareeraa ||	This body is built of air and water.	ਇਹ ਸਰੀਰ ਹਵਾ ਪਾਣੀ (ਆਦਿਕ ਤੱਤਾਂ) ਦਾ ਬਣਿਆ ਹੋਇਆ ਹੈ।

50487	1172	ਹਉਮੈ ਰੋਗੁ ਕਠਿਨ ਤਨਿ ਪੀਰਾ॥		Houmai Rog Kathin Than Peeraa ||	The body is afflicted with the terribly painful illness of egotism.	ਜਿਸ ਮਨੁੱਖ ਦੇ ਇਸ ਸਰੀਰ ਵਿਚ ਹਉਮੈ ਦਾ ਰੋਗ ਹੈ, (ਉਸ ਦੇ ਸਰੀਰ ਵਿਚ ਇਸ ਰੋਗ ਦੀ) ਕਰੜੀ ਪੀੜ ਟਿਕੀ ਰਹਿੰਦੀ ਹੈ।
50488	1172	ਗੁਰਮੁਖਿ ਰਾਮ ਨਾਮ ਦਾਰੂ ਗੁਣ ਗਾਇਆ॥		Guramukh Raam Naam Dhaaroo Gun Gaaeiaa ||	The Gurmukh has the Medicine: singing the Glorious Praises of the Lord's Name.	ਗੁਰੂ ਦੇ ਸਨਮੁਖ ਹੋ ਕੇ ਜਿਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ, ਪਰਮਾਤਮਾ ਦਾ ਨਾਮ (ਉਸ ਦੇ ਵਾਸਤੇ ਹਉਮੈ-ਰੋਗ ਦੂਰ ਕਰਨ ਲਈ) ਦਵਾਈ ਬਣ ਜਾਂਦਾ ਹੈ।
50489	1172	ਕਰਿ ਕਿਰਪਾ ਗੁਰਿ ਰੋਗੁ ਗਵਾਇਆ॥੩॥		Kar Kirapaa Gur Rog Gavaaeiaa ||3||	Granting His Grace, the Guru has cured the illness. ||3||	ਜਿਹੜਾ ਭੀ ਮਨੁੱਖ (ਗੁਰੂ ਦੀ ਸਰਨ ਆਇਆ) ਗੁਰੂ ਨੇ ਕਿਰਪਾ ਕਰ ਕੇ ਉਸ ਦਾ ਇਹ ਰੋਗ ਦੂਰ ਕਰ ਦਿੱਤਾ ॥੩॥
50490	1172	ਚਾਰਿ ਨਦੀਆ ਅਗਨੀ ਤਨਿ ਚਾਰੇ॥		Chaar Nadheeaa Aganee Than Chaarae ||	The four evils are the four rivers of fire flowing through the body.	(ਜਗਤ ਵਿਚ ਹੰਸ, ਹੇਤ, ਲੋਭ, ਕੋਪ) ਚਾਰ ਅੱਗ ਦੀਆਂ ਨਦੀਆਂ ਵਹਿ ਰਹੀਆਂ ਹਨ,
50491	1172	ਤ੍ਰਿਸਨਾ ਜਲਤ ਜਲੇ ਅਹੰਕਾਰੇ॥	ਅਹੰ-ਕਾਰੇ	Thrisanaa Jalath Jalae Ahankaarae ||	It is burning in desire, and burning in egotism.	(ਜਿਨ੍ਹਾਂ ਮਨੁੱਖਾਂ ਦੇ) ਸਰੀਰ ਵਿਚ ਇਹ ਚਾਰੇ ਅੱਗਾਂ ਪ੍ਰਬਲ ਹਨ, ਉਹ ਮਨੁੱਖ ਤ੍ਰਿਸ਼ਨਾ ਵਿਚ ਸੜਦੇ ਹਨ।
50492	1172	ਗੁਰਿ ਰਾਖੇ ਵਡਭਾਗੀ ਤਾਰੇ॥		Gur Raakhae Vaddabhaagee Thaarae ||	Those whom the Guru protects and saves are very fortunate.	ਜਿਨ੍ਹਾਂ ਭਾਗਾਂ ਵਾਲੇ ਸੇਵਕਾਂ ਦੀ ਗੁਰੂ ਨੇ ਰੱਖਿਆ ਕੀਤੀ, (ਗੁਰੂ ਨੇ ਉਹਨਾਂ ਨੂੰ ਇਹਨਾਂ ਨਦੀਆਂ ਤੋਂ) ਪਾਰ ਲੰਘਾ ਲਿਆ,

50493	1172	ਜਨ ਨਾਨਕ ਉਰਿ ਹਰਿ ਅੰਮ੍ਰਿਤੁ ਧਾਰੇ॥੪॥੨॥		Jan Naanak Our Har Anmrith Dhhaarae ||4||2||	Servant Nanak enshrines the Ambrosial Name of the Lord in his heart. ||4||2||	ਹੇ ਨਾਨਕ! ਉਹਨਾਂ ਨੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਆਪਣੇ ਹਿਰਦੇ ਵਿਚ ਵਸਾ ਲਿਆ ॥੪॥੨॥
50494	1172	ਬਸੰਤੁ ਮਹਲਾ ੩॥		Basanth Mehalaa 3 ||	Basant, Third Mehl:	
50495	1172	ਹਰਿ ਸੇਵੇ ਸੋ ਹਰਿ ਕਾ ਲੋਗੁ॥		Har Saevae So Har Kaa Log ||	One who serves the Lord is the Lord's person.	ਜਿਹੜਾ ਮਨੁੱਖ ਪਰਮਾਤਮਾ ਦਾ ਸਿਮਰਨ ਕਰਦਾ ਹੈ ਉਹ ਪਰਮਾਤਮਾ ਦਾ ਭਗਤ ਹੈ,
50496	1172	ਸਾਚੁ ਸਹਜੁ ਕਦੇ ਨ ਹੋਵੈ ਸੋਗੁ॥		Saach Sehaj Kadhae N Hovai Sog ||	He dwells in intuitive peace, and never suffers in sorrow.	ਉਸ ਨੂੰ ਸਦਾ ਕਾਇਮ ਰਹਿਣ ਵਾਲੀ ਆਤਮਕ ਅਡੋਲਤਾ ਮਿਲੀ ਰਹਿੰਦੀ ਹੈ, ਉਸ ਨੂੰ ਕਦੇ ਕੋਈ ਗ਼ਮ ਪੋਹ ਨਹੀਂ ਸਕਦਾ।
50497	1172	ਮਨਮੁਖ ਮੁਏ ਨਾਹੀ ਹਰਿ ਮਨ ਮਾਹਿ॥		Manamukh Mueae Naahee Har Man Maahi ||	The self-willed manmukhs are dead; the Lord is not within their minds.	ਪਰ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਆਤਮਕ ਮੌਤ ਸਹੇੜੀ ਰੱਖਦੇ ਹਨ (ਕਿਉਂਕਿ) ਉਹਨਾਂ ਦੇ ਮਨ ਵਿਚ ਪਰਮਾਤਮਾ ਦੀ ਯਾਦ ਨਹੀਂ ਹੈ।
50498	1172	ਮਰਿ ਮਰਿ ਜੰਮਹਿ ਭੀ ਮਰਿ ਜਾਹਿ॥੧॥		Mar Mar Janmehi Bhee Mar Jaahi ||1||	They die and die again and again, and are reincarnated, only to die once more. ||1||	ਉਹ ਮਨੁੱਖ ਆਤਮਕ ਮੌਤ ਸਹੇੜ ਸਹੇੜ ਕੇ ਜਨਮਾਂ ਦੇ ਗੇੜ ਵਿਚ ਪਏ ਰਹਿੰਦੇ ਹਨ, ਤੇ ਮੁੜ ਮੁੜ ਆਤਮਕ ਮੌਤ ਸਹੇੜਦੇ ਰਹਿੰਦੇ ਹਨ ॥੧॥

50499	1172	ਸੇ ਜਨ ਜੀਵੇ ਜਿਨ ਹਰਿ ਮਨ ਮਾਹਿ॥		Sae Jan Jeevae Jin Har Man Maahi ||	They alone are alive, whose minds are filled with the Lord.	ਜਿਹੜੇ ਮਨੁੱਖ ਸਦਾ-ਥਿਰ ਪ੍ਰਭੂ ਨੂੰ ਹਿਰਦੇ ਵਿਚ ਵਸਾਈ ਰੱਖਦੇ ਹਨ, ਉਹ ਮਨੁੱਖ ਆਤਮਕ ਜੀਵਨ ਵਾਲੇ ਹਨ।
50500	1172	ਸਾਚੁ ਸਮ੍ਹਾਲਹਿ ਸਾਚਿ ਸਮਾਹਿ॥੧॥ਰਹਾਉ॥		Saach Samhaalehi Saach Samaahi ||1|| Rehaao ||	They contemplate the True Lord, and are absorbed in the True Lord. ||1||Pause||	ਉਨ੍ਹਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ, ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦੇ ਹਨ ॥੧॥ ਰਹਾਉ ॥
50501	1172	ਹਰਿ ਨ ਸੇਵਹਿ ਤੇ ਹਰਿ ਤੇ ਦੂਰਿ॥		Har N Saevehi Thae Har Thae Dhoor ||	Those who do not serve the Lord are far away from the Lord.	ਜਿਹੜੇ ਮਨੁੱਖ ਪਰਮਾਤਮਾ ਦਾ ਨਾਮ ਨਹੀਂ ਸਿਮਰਦੇ, ਉਹ ਪਰਮਾਤਮਾ ਤੋਂ ਵਿਛੁੜੇ ਰਹਿੰਦੇ ਹਨ।
50502	1172	ਦਿਸੰਤਰੁ ਭਵਹਿ ਸਿਰਿ ਪਾਵਹਿ ਧੂਰਿ॥		Dhisanthar Bhavehi Sir Paavehi Dhhoor ||	They wander in foreign lands, with dust thrown on their heads.	ਉਹ ਮਨੁੱਖ ਹੋਰ ਹੋਰ ਦੇਸ਼ਾਂ ਵਿਚ ਭੌਂਦੇ ਫਿਰਦੇ ਹਨ, ਆਪਣੇ ਸਿਰ ਵਿਚ ਮਿੱਟੀ ਪਾਂਦੇ ਹਨ (ਖ਼ੁਆਰ ਹੁੰਦੇ ਰਹਿੰਦੇ ਹਨ)।
50503	1172	ਹਰਿ ਆਪੇ ਜਨ ਲੀਏ ਲਾਇ॥		Har Aapae Jan Leeeae Laae ||	The Lord Himself enjoins His humble servants to serve Him.	ਆਪਣੇ ਭਗਤਾਂ ਨੂੰ ਪ੍ਰਭੂ ਆਪ ਹੀ (ਆਪਣੇ ਚਰਨਾਂ ਵਿਚ) ਜੋੜੀ ਰੱਖਦਾ ਹੈ,
50504	1172	ਤਿਨ ਸਦਾ ਸੁਖੁ ਹੈ ਤਿਲੁ ਨ ਤਮਾਇ॥੨॥		Thin Sadhaa Sukh Hai Thil N Thamaae ||2||	They live in peace forever, and have no greed at all. ||2||	ਉਹਨਾਂ ਨੂੰ ਸਦਾ ਆਤਮਕ ਆਨੰਦ ਪ੍ਰਾਪਤ ਰਹਿੰਦਾ ਹੈ, ਉਹਨਾਂ ਨੂੰ ਕਦੇ ਰਤਾ ਭਰ ਭੀ (ਮਾਇਆ ਦਾ) ਲਾਲਚ ਨਹੀਂ ਵਿਆਪਦਾ ॥੨॥

50505	1173	ਨਦਰਿ ਕਰੇ ਚੂਕੈ ਅਭਿਮਾਨੁ॥		Nadhar Karae Chookai Abhimaan ||	When the Lord bestows His Glance of Grace, egotism is eradicated.	ਜਿਸ ਮਨੁੱਖ ਉੱਤੇ ਪਰਮਾਤਮਾ ਮਿਹਰ ਦੀ ਨਿਗਾਹ ਕਰਦਾ ਹੈ ਉਸ ਦੇ ਅੰਦਰੋਂ ਅਹੰਕਾਰ ਦੂਰ ਹੋ ਜਾਂਦਾ ਹੈ,
50506	1173	ਸਾਚੀ ਦਰਗਹ ਪਾਵੈ ਮਾਨੁ॥		Saachee Dharageh Paavai Maan ||	Then, the mortal is honored in the Court of the True Lord.	ਉਹ ਮਨੁੱਖ ਸਦਾ-ਥਿਰ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਪ੍ਰਾਪਤ ਕਰਦਾ ਹੈ।
50507	1173	ਹਰਿ ਜੀਉ ਵੇਖੈ ਸਦ ਹਜੂਰਿ॥		Har Jeeo Vaekhai Sadh Hajoor ||	He sees the Dear Lord always close at hand, ever-present.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਮਨੁੱਖ ਪਰਮਾਤਮਾ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਵੇਖਦਾ ਹੈ,
50508	1173	ਗੁਰ ਕੈ ਸਬਦਿ ਰਹਿਆ ਭਰਪੂਰਿ॥੩॥		Gur Kai Sabadh Rehiaa Bharapoor ||3||	Through the Word of the Guru's Shabad, he sees the Lord pervading and permeating all. ||3||	ਪਰਮਾਤਮਾ ਉਸ ਨੂੰ ਹਰ ਥਾਂ ਵੱਸਦਾ ਦਿੱਸਦਾ ਹੈ ॥੩॥
50509	1173	ਜੀਅ ਜੰਤ ਕੀ ਕਰੇ ਪ੍ਰਤਿਪਾਲ॥		Jeea Janth Kee Karae Prathipaal ||	The Lord cherishes all beings and creatures.	ਪਰਮਾਤਮਾ, ਜੋ ਸਾਰੇ ਜੀਵਾਂ ਦੀ ਪਾਲਣਾ ਕਰਦਾ ਹੈ,
50510	1173	ਗੁਰ ਪਰਸਾਦੀ ਸਦ ਸਮ੍ਾਲ॥		Gur Parasaadhee Sadh Samhaal ||	By Guru's Grace, contemplate Him forever.	ਜਿਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ ਉਸ ਪਰਮਾਤਮਾ ਨੂੰ ਸਦਾ ਯਾਦ ਰੱਖਦਾ ਹੈ,
50511	1173	ਦਰਿ ਸਾਚੈ ਪਤਿ ਸਿਉ ਘਰਿ ਜਾਇ॥		Dhar Saachai Path Sio Ghar Jaae ||	You shall go to your true home in the Lord's Court with honor.	ਉਹ ਸਦਾ-ਥਿਰ ਪ੍ਰਭੂ ਦੇ ਦਰ ਤੇ ਸਦਾ-ਥਿਰ ਪ੍ਰਭੂ ਦੇ ਘਰ ਵਿਚ ਇੱਜ਼ਤ ਨਾਲ ਜਾਂਦਾ ਹੈ।

50512	1173	ਨਾਨਕ ਨਾਮਿ ਵਡਾਈ ਪਾਇ॥੪॥੩॥		Naanak Naam Vaddaaee Paae ||4||3||	O Nanak, through the Naam, the Name of the Lord, you shall be blessed with glorious greatness. ||4||3||	ਹੇ ਨਾਨਕ! ਨਾਮ ਦੀ ਬਰਕਤਿ ਨਾਲ ਉਹ ਮਨੁੱਖ (ਲੋਕ ਪਰਲੋਕ ਵਿਚ) ਇੱਜ਼ਤ ਪਾਂਦਾ ਹੈ ॥੪॥੩॥
50513	1173	ਬਸੰਤੁ ਮਹਲਾ ੩॥		Basanth Mehalaa 3 ||	Basant, Third Mehl:	
50514	1173	ਅੰਤਰਿ ਪੂਜਾ ਮਨ ਤੇ ਹੋਇ॥		Anthar Poojaa Man Thae Hoe ||	One who worships the Lord within his mind,	(ਜਿਹੜਾ ਭੀ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ ਉਸ ਦੇ) ਅੰਦਰ ਹੀ ਜੁੜੇ ਮਨ ਨਾਲ ਪਰਮਾਤਮਾ ਦੀ ਭਗਤੀ ਹੁੰਦੀ ਰਹਿੰਦੀ ਹੈ,
50515	1173	ਏਕੋ ਵੇਖੈ ਅਉਰੁ ਨ ਕੋਇ॥		Eaeko Vaekhai Aour N Koe ||	Sees the One and Only Lord, and no other.	(ਉਹ ਮਨੁੱਖ ਹਰ ਥਾਂ) ਸਿਰਫ਼ ਪਰਮਾਤਮਾ ਨੂੰ (ਵੱਸਦਾ) ਵੇਖਦਾ ਹੈ, (ਕਿਤੇ ਭੀ ਪਰਮਾਤਮਾ ਤੋਂ ਬਿਨਾ) ਕਿਸੇ ਹੋਰ ਨੂੰ ਨਹੀਂ ਵੇਖਦਾ।
50516	1173	ਦੂਜੈ ਲੋਕੀ ਬਹੁਤੁ ਦੁਖੁ ਪਾਇਆ॥		Dhoojai Lokee Bahuth Dhukh Paaeiaa ||	People in duality suffer terrible pain.	ਦੁਨੀਆ ਨੇ ਮਾਇਆ ਦੇ ਮੋਹ ਵਿਚ ਫਸ ਕੇ ਸਦਾ ਬਹੁਤ ਦੁੱਖ ਪਾਇਆ ਹੈ,
50517	1173	ਸਤਿਗੁਰਿ ਮੈਨੋ ਏਕੁ ਦਿਖਾਇਆ॥੧॥		Sathigur Maino Eaek Dhikhaaeiaa ||1||	The True Guru has shown me the One Lord. ||1||	ਪਰ ਗੁਰੂ ਨੇ (ਮਿਹਰ ਕਰ ਕੇ) ਮੈਨੂੰ ਸਿਰਫ਼ ਪਰਮਾਤਮਾ ਹੀ (ਹਰ ਥਾਂ ਵੱਸਦਾ) ਵਿਖਾ ਦਿੱਤਾ ਹੈ (ਤੇ, ਮੈਂ ਦੁੱਖ ਤੋਂ ਬਚ ਗਿਆ ਹਾਂ) ॥੧॥
50518	1173	ਮੇਰਾ ਪ੍ਰਭੁ ਮਉਲਿਆ ਸਦ ਬਸੰਤੁ॥	ਮਉੱਲਿਆ: ਕਸਕੇ	Maeraa Prabh Mouliaa Sadh Basanth ||	My God is in bloom, forever in spring.	ਸਦਾ-ਆਨੰਦ-ਸਰੂਪ ਮੇਰਾ ਪਰਮਾਤਮਾ (ਹਰ ਥਾਂ) ਆਪਣਾ ਪਰਕਾਸ਼ ਕਰ ਰਿਹਾ ਹੈ।

50519	1173	ਇਹੁ ਮਨੁ ਮਉਲਿਆ ਗਾਇ ਗੁਣ ਗੋਬਿੰਦ॥੧॥ਰਹਾਉ॥	ਮਉੱਲਿਆ: ਕਸਕੇ	Eihu Man Mouliaa Gaae Gun Gobindh ||1|| Rehaao ||	This mind blossoms forth, singing the Glorious Praises of the Lord of the Universe. ||1||Pause||	ਉਸ ਪਰਮਾਤਮਾ ਦੇ ਗੁਣ ਗਾ ਗਾ ਕੇ (ਮੇਰਾ) ਇਹ ਮਨ ਸਦਾ ਖਿੜਿਆ ਰਹਿੰਦਾ ਹੈ ॥੧॥ ਰਹਾਉ ॥
50520	1173	ਗੁਰ ਪੂਛਹੁ ਤੁਮ੍ ਕਰਹੁ ਬੀਚਾਰੁ॥		Gur Pooshhahu Thumh Karahu Beechaar ||	So consult the Guru, and reflect upon His wisdom;	(ਤੁਸਾਂ ਭੀ ਜੇ ਦੁੱਖਾਂ ਤੋਂ ਬਚਣਾ ਹੈ, ਤਾਂ) ਗੁਰੂ ਦੀ ਸਿੱਖਿਆ ਲਵੋ, ਤੇ, ਪਰਮਾਤਮਾ ਦੇ ਗੁਣਾਂ ਨੂੰ ਆਪਣੇ ਮਨ ਵਿਚ ਵਸਾਈ ਰੱਖੋ।
50521	1173	ਤਾਂ ਪ੍ਰਭ ਸਾਚੇ ਲਗੈ ਪਿਆਰੁ॥		Thaan Prabh Saachae Lagai Piaar ||	Then, you shall be in love with the True Lord God.	(ਜਦੋਂ ਪ੍ਰਭੂ ਦੇ ਗੁਣਾਂ ਨੂੰ ਆਪਣੇ ਮਨ ਵਿਚ ਵਸਾਉਗੇ) ਤਦੋਂ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ (ਤੁਹਾਡਾ) ਪਿਆਰ ਬਣ ਜਾਇਗਾ।
50522	1173	ਆਪੁ ਛੋਡਿ ਹੋਹਿ ਦਾਸਤ ਭਾਇ॥		Aap Shhodd Hohi Dhaasath Bhaae ||	Abandon your self-conceit, and be His loving servant.	ਜੇ ਤੂੰ ਆਪਾ-ਭਾਵ (ਹਉਮੈ) ਛੱਡ ਕੇ ਸੇਵਕ-ਸੁਭਾਵ ਵਿਚ ਟਿਕਿਆ ਰਹੇਂ,
50523	1173	ਤਉ ਜਗਜੀਵਨੁ ਵਸੈ ਮਨਿ ਆਇ॥੨॥		Tho Jagajeevan Vasai Man Aae ||2||	Then, the Life of the World shall come to dwell in your mind. ||2||	ਤਾਂ ਜਗਤ ਨੂੰ ਪੈਦਾ ਕਰਨ ਵਾਲਾ ਪਰਮਾਤਮਾ (ਤੇਰੇ) ਮਨ ਵਿਚ ਆ ਵੱਸੇਗਾ ॥੨॥

50524	1173	ਭਗਤਿ ਕਰੇ ਸਦ ਵੇਖੈ ਹਜੂਰਿ॥		Bhagath Karae Sadh Vaekhai Hajoor ||	Worship Him with devotion, and see Him always ever-present, close at hand.	ਜਿਹੜਾ ਮਨੁੱਖ ਪਰਮਾਤਮਾ ਦੀ ਭਗਤੀ ਕਰਦਾ ਹੈ, ਉਹ ਪਰਮਾਤਮਾ ਨੂੰ ਸਦਾ ਆਪਣੇ ਅੰਗ-ਸੰਗ ਵੇਖਦਾ ਹੈ,
50525	1173	ਮੇਰਾ ਪ੍ਰਭੁ ਸਦ ਰਹਿਆ ਭਰਪੂਰਿ॥		Maeraa Prabh Sadh Rehiaa Bharapoor ||	My God is forever permeating and pervading all.	ਪਿਆਰਾ ਪ੍ਰਭੂ ਉਸ ਨੂੰ ਹਰ ਥਾਂ ਵਿਆਪਕ ਦਿੱਸਦਾ ਹੈ।
50526	1173	ਇਸੁ ਭਗਤੀ ਕਾ ਕੋਈ ਜਾਣੈ ਭੇਉ॥		Eis Bhagathee Kaa Koee Jaanai Bhaeo ||	Only a rare few know the mystery of this devotional worship.	ਜਿਹੜਾ ਭੀ ਮਨੁੱਖ ਪਰਮਾਤਮਾ ਦੀ ਇਸ ਭਗਤੀ (ਦੇ ਕੌਤਕ) ਦਾ ਭੇਤ ਸਮਝ ਲੈਂਦਾ ਹੈ,
50527	1173	ਸਭੁ ਮੇਰਾ ਪ੍ਰਭੁ ਆਤਮ ਦੇਉ॥੩॥		Sabh Maeraa Prabh Aatham Dhaeo ||3||	My God is the Enlightener of all souls. ||3||	ਉਸ ਨੂੰ ਪਰਮਾਤਮਾ ਹਰ ਥਾਂ ਵੱਸਦਾ ਦਿੱਸ ਪੈਂਦਾ ਹੈ ॥੩॥
50528	1173	ਆਪੇ ਸਤਿਗੁਰੁ ਮੇਲਿ ਮਿਲਾਏ॥		Aapae Sathigur Mael Milaaeae ||	The True Guru Himself unites us in His Union.	ਪਰ, (ਭਗਤੀ ਦੀ ਦਾਤ ਉਸ ਦੀ ਆਪਣੀ ਮਿਹਰ ਨਾਲ ਹੀ ਮਿਲਦੀ ਹੈ) ਜਗਤ ਦਾ ਜੀਵਨ ਪ੍ਰਭੂ ਆਪ ਹੀ (ਮਨੁੱਖ ਨੂੰ) ਗੁਰੂ ਮਿਲਾ ਕੇ (ਆਪਣੇ ਚਰਨਾਂ ਵਿਚ) ਜੋੜਦਾ ਹੈ,
50529	1173	ਜਗਜੀਵਨ ਸਿਉ ਆਪਿ ਚਿਤੁ ਲਾਏ॥		Jagajeevan Sio Aap Chith Laaeae ||	He Himself links our consciousness to the Lord, the Life of the World.	ਉਹ ਆਪ ਹੀ ਮਨੁੱਖ ਦਾ ਚਿੱਤ ਆਪਣੇ ਨਾਲ ਜੋੜਦਾ ਹੈ।

50530	1173	ਮਨੁ ਤਨੁ ਹਰਿਆ ਸਹਜਿ ਸੁਭਾਏ॥		Man Than Hariaa Sehaj Subhaaeae ||	Thus, our minds and bodies are rejuvenated with intuitive ease.	ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ, ਉਹ ਪ੍ਰਭੂ-ਪਿਆਰ ਵਿਚ ਟਿਕੇ ਰਹਿੰਦੇ ਹਨ, ਉਹਨਾਂ ਦਾ ਮਨ ਉਹਨਾਂ ਦਾ ਤਨ ਆਤਮਕ ਜੀਵਨ ਨਾਲ ਭਰਪੂਰ ਰਹਿੰਦਾ ਹੈ,
50531	1173	ਨਾਨਕ ਨਾਮਿ ਰਹੇ ਲਿਵ ਲਾਏ॥੪॥੪॥		Naanak Naam Rehae Liv Laaeae ||4||4||	O Nanak, through the Naam, the Name of the Lord, we remain attuned to the String of His Love. ||4||4||	ਹੇ ਨਾਨਕ! ਜਿਹੜੇ ਮਨੁੱਖ ਪਰਮਾਤਮਾ ਦੇ ਨਾਮ ਵਿਚ ਸੁਰਤ ਜੋੜੀ ਰੱਖਦੇ ਹਨ ॥੪॥੪॥
50532	1173	ਬਸੰਤੁ ਮਹਲਾ ੩॥		Basanth Mehalaa 3 ||	Basant, Third Mehl:	
50533	1173	ਭਗਤਿ ਵਛਲੁ ਹਰਿ ਵਸੈ ਮਨਿ ਆਇ॥		Bhagath Vashhal Har Vasai Man Aae ||	The Lord is the Lover of His devotees; He dwells within their minds,	ਭਗਤੀ ਨਾਲ ਪਿਆਰ ਕਰਨ ਵਾਲਾ ਪ੍ਰਭੂ ਉਸ ਮਨੁੱਖ ਦੇ ਮਨ ਵਿਚ ਆ ਵੱਸਦਾ ਹੈ,
50534	1173	ਗੁਰ ਕਿਰਪਾ ਤੇ ਸਹਜ ਸੁਭਾਇ॥		Gur Kirapaa Thae Sehaj Subhaae ||	By Guru's Grace, with intuitive ease.	ਜਿਹੜਾ ਗੁਰੂ ਦੀ ਕਿਰਪਾ ਨਾਲ ਆਤਮਕ ਅਡੋਲਤਾ ਵਿਚ ਪ੍ਰਭੂ ਦੇ ਪਿਆਰ ਵਿਚ ਲੀਨ ਰਹਿੰਦਾ ਹੈ।
50535	1173	ਭਗਤਿ ਕਰੇ ਵਿਚਹੁ ਆਪੁ ਖੋਇ॥		Bhagath Karae Vichahu Aap Khoe ||	Through devotional worship, self-conceit is eradicated from within,	ਜਦੋਂ ਮਨੁੱਖ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਪਰਮਾਤਮਾ ਦੀ ਭਗਤੀ ਕਰਦਾ ਹੈ,

50536	1173	ਤਦ ਹੀ ਸਾਚਿ ਮਿਲਾਵਾ ਹੋਇ॥੧॥		Thadh Hee Saach Milaavaa Hoe ||1||	And then, one meets the True Lord. ||1||	ਤਦੋਂ ਹੀ ਸਦਾ-ਥਿਰ ਪਰਮਾਤਮਾ ਵਿਚ ਉਸ ਦਾ ਮਿਲਾਪ ਹੋ ਜਾਂਦਾ ਹੈ ॥੧॥
50537	1173	ਭਗਤ ਸੋਹਹਿ ਸਦਾ ਹਰਿ ਪ੍ਰਭ ਦੁਆਰਿ॥		Bhagath Sohehi Sadhaa Har Prabh Dhuaar ||	His devotees are forever beauteous at the Door of the Lord God.	ਪਰਮਾਤਮਾ ਦੀ ਬੰਦਗੀ ਕਰਨ ਵਾਲੇ ਮਨੁੱਖ ਸਦਾ ਪਰਮਾਤਮਾ ਦੇ ਦਰ ਤੇ ਸੋਭਦੇ ਹਨ,
50538	1173	ਗੁਰ ਕੈ ਹੇਤਿ ਸਾਚੈ ਪ੍ਰੇਮ ਪਿਆਰਿ॥੧॥ਰਹਾਉ ॥		Gur Kai Haeth Saachai Praem Piaar ||1|| Rehaao ||	Loving the Guru, they have love and affection for the True Lord. ||1||Pause||	ਉਹ ਸਦਾ ਗੁਰੂ ਦੇ ਪ੍ਰੇਮ ਵਿਚ ਸਦਾ-ਥਿਰ ਪ੍ਰਭੂ ਦੇ ਪ੍ਰੇਮ ਵਿਚ (ਜੁੜੇ ਰਹਿੰਦੇ ਹਨ) ॥੧॥ ਰਹਾਉ ॥
50539	1173	ਭਗਤਿ ਕਰੇ ਸੋ ਜਨੁ ਨਿਰਮਲੁ ਹੋਇ॥		Bhagath Karae So Jan Niramal Hoe ||	That humble being who worships the Lord with devotion becomes immaculate and pure.	ਜਿਹੜਾ ਮਨੁੱਖ ਪਰਮਾਤਮਾ ਦੀ ਭਗਤੀ ਕਰਦਾ ਹੈ, ਉਹ ਮਨੁੱਖ ਪਵਿੱਤਰ ਜੀਵਨ ਵਾਲਾ ਹੋ ਜਾਂਦਾ ਹੈ।
50540	1173	ਗੁਰ ਸਬਦੀ ਵਿਚਹੁ ਹਉਮੈ ਖੋਇ॥		Gur Sabadhee Vichahu Houmai Khoe ||	Through the Word of the Guru's Shabad, egotism is eradicated from within.	ਉਹ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਅੰਦਰੋਂ ਹਉਮੈ ਦੂਰ ਕਰ ਕੇ (ਭਗਤੀ ਵਿਚ ਜੁੜਦਾ ਹੈ)।
50541	1173	ਹਰਿ ਜੀਉ ਆਪਿ ਵਸੈ ਮਨਿ ਆਇ॥		Har Jeeo Aap Vasai Man Aae ||	The Dear Lord Himself comes to dwell within the mind,	ਪ੍ਰਭੂ ਆਪ ਉਸ ਦੇ ਮਨ ਵਿਚ ਆ ਵੱਸਦਾ ਹੈ,

50542	1173	ਸਦਾ ਸਾਂਤਿ ਸੁਖਿ ਸਹਜਿ ਸਮਾਇ॥੨॥		Sadhaa Saanth Sukh Sehaj Samaae ||2||	And the mortal remains immersed in peace, tranquility and intuitive ease. ||2||	ਉਸ ਦੇ ਅੰਦਰ ਸ਼ਾਂਤੀ ਬਣੀ ਰਹਿੰਦੀ ਹੈ, ਉਹ ਸਦਾ ਆਨੰਦ ਵਿਚ ਆਤਮਕ ਅਡਲੋਤਾ ਵਿਚ ਲੀਨ ਰਹਿੰਦਾ ਹੈ ॥੨॥
50543	1173	ਸਾਚਿ ਰਤੇ ਤਿਨ ਸਦ ਬਸੰਤ॥		Saach Rathae Thin Sadh Basanth ||	Those who are imbued with Truth, are forever in the bloom of spring.	ਜਿਹੜੇ ਮਨੁੱਖ ਸਦਾ-ਥਿਰ ਪ੍ਰਭੂ (ਦੇ ਪਿਆਰ) ਵਿਚ ਰੰਗੇ ਜਾਂਦੇ ਹਨ,
50544	1173	ਮਨੁ ਤਨੁ ਹਰਿਆ ਰਵਿ ਗੁਣ ਗੁਵਿੰਦ॥		Man Than Hariaa Rav Gun Guvindh ||	Their minds and bodies are rejuvenated, uttering the Glorious Praises of the Lord of the Universe.	ਉਹਨਾਂ ਦੇ ਅੰਦਰ ਸਦਾ ਖਿੜਾਉ ਬਣਿਆ ਰਹਿੰਦਾ ਹੈ। ਗੋਬਿੰਦ ਦੇ ਗੁਣ ਯਾਦ ਕਰ ਕਰ ਕੇ ਉਹਨਾਂ ਦਾ ਮਨ ਉਹਨਾਂ ਦਾ ਤਨ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ।
50545	1173	ਬਿਨੁ ਨਾਵੈ ਸੂਕਾ ਸੰਸਾਰੁ॥		Bin Naavai Sookaa Sansaar ||	Without the Lord's Name, the world is dry and parched.	ਪਰਮਾਤਮਾ ਦੇ ਨਾਮ ਤੋਂ ਬਿਨਾ ਜਗਤ ਨਿੱਕੇ ਜਿਹੇ ਵਿਤ ਵਾਲਾ ਹੋਇਆ ਰਹਿੰਦਾ ਹੈ,
50546	1173	ਅਗਨਿ ਤ੍ਰਿਸਨਾ ਜਲੈ ਵਾਰੋ ਵਾਰ॥੩॥		Agan Thrisanaa Jalai Vaaro Vaar ||3||	It burns in the fire of desire, over and over again. ||3||	ਮੁੜ ਮੁੜ (ਮਾਇਆ ਦੀ) ਤ੍ਰਿਸ਼ਨਾ ਦੀ ਅੱਗ ਵਿਚ ਸੜਦਾ ਰਹਿੰਦਾ ਹੈ ॥੩॥
50547	1173	ਸੋਈ ਕਰੇ ਜਿ ਹਰਿ ਜੀਉ ਭਾਵੈ॥		Soee Karae J Har Jeeo Bhaavai ||	One who does only that which is pleasing to the Dear Lord	ਜਿਹੜਾ ਮਨੁੱਖ ਉਹੀ ਕੁਝ ਕਰਦਾ ਹੈ ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ।

50548	1173	ਸਦਾ ਸੁਖੁ ਸਰੀਰਿ ਭਾਣੈ ਚਿਤੁ ਲਾਵੈ॥		Sadhaa Sukh Sareer Bhaanai Chith Laavai ||	- his body is forever at peace, and his consciousness is attached to the Lord's Will.	(ਜਿਹੜਾ ਮਨੁੱਖ ਪ੍ਰਭੂ ਦੀ ਰਜ਼ਾ ਵਿਚ ਤੁਰਦਾ ਹੈ), ਜਿਹੜਾ ਮਨੁੱਖ ਪਰਮਾਤਮਾ ਦੇ ਭਾਣੇ ਵਿਚ ਆਪਣਾ ਚਿੱਤ ਜੋੜਦਾ ਹੈ, ਉਸ ਦੇ ਹਿਰਦੇ ਵਿਚ ਆਤਮਕ ਆਨੰਦ ਬਣਿਆ ਰਹਿੰਦਾ ਹੈ।
50549	1173	ਅਪਣਾ ਪ੍ਰਭੁ ਸੇਵੇ ਸਹਜਿ ਸੁਭਾਇ॥		Apanaa Prabh Saevae Sehaj Subhaae ||	He serves His God with intuitive ease.	ਜਿਹੜਾ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਪ੍ਰਭੂ-ਪਿਆਰ ਵਿਚ ਜੁੜ ਕੇ ਪਰਮਾਤਮਾ ਦੀ ਭਗਤੀ ਕਰਦਾ ਹੈ,
50550	1173	ਨਾਨਕ ਨਾਮੁ ਵਸੈ ਮਨਿ ਆਇ॥੪॥੫॥		Naanak Naam Vasai Man Aae ||4||5||	O Nanak, the Naam, the Name of the Lord, comes to abide in his mind. ||4||5||	ਹੇ ਨਾਨਕ! ਪਰਮਾਤਮਾ ਦਾ ਨਾਮ ਉਸ ਦੇ ਮਨ ਵਿਚ ਆ ਵੱਸਦਾ ਹੈ ॥੪॥੫॥
50551	1173	ਬਸੰਤੁ ਮਹਲਾ ੩॥		Basanth Mehalaa 3 ||	Basant, Third Mehl:	
50552	1173	ਮਾਇਆ ਮੋਹੁ ਸਬਦਿ ਜਲਾਏ॥		Maaeiaa Mohu Sabadh Jalaaeae ||	Attachment to Maya is burnt away by the Word of the Shabad.	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਮਾਇਆ ਦਾ ਮੋਹ ਸਾੜ ਦੇਂਦਾ ਹੈ,
50553	1173	ਮਨੁ ਤਨੁ ਹਰਿਆ ਸਤਿਗੁਰ ਭਾਏ॥		Man Than Hariaa Sathigur Bhaaeae ||	The mind and body are rejuvenated by the Love of the True Guru.	ਗੁਰੂ ਦੇ ਪਿਆਰ ਦੀ ਬਰਕਤਿ ਨਾਲ ਉਸ ਦਾ ਮਨ ਉਸ ਦਾ ਤਨ ਆਤਮਕ ਜੀਵਨ ਨਾਲ ਭਰਪੂਰ ਹੋ ਜਾਂਦਾ ਹੈ।
50554	1173	ਸਫਲਿਓ ਬਿਰਖੁ ਹਰਿ ਕੈ ਦੁਆਰਿ॥		Safalio Birakh Har Kai Dhuaar ||	The tree bears fruit at the Lord's Door,	ਉਸ ਮਨੁੱਖ ਦਾ (ਸਰੀਰ-) ਰੁੱਖ ਸਫਲ ਹੋ ਜਾਂਦਾ ਹੈ,

50555	1173	ਸਾਚੀ ਬਾਣੀ ਨਾਮ ਪਿਆਰਿ॥੧॥		Saachee Baanee Naam Piaar ||1||	In love with the True Bani of the Guru's Word, and the Naam, the Name of the Lord. ||1||	ਜਿਹੜਾ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ, ਹਰਿ-ਨਾਮ ਦੇ ਪਿਆਰ ਵਿਚ (ਟਿਕ ਕੇ ਸਦਾ) ਪਰਮਾਤਮਾ ਦੇ ਦਰ ਤੇ (ਪ੍ਰਭੂ-ਚਰਨਾਂ ਵਿਚ) ਟਿਕਿਆ ਰਹਿੰਦਾ ਹੈ ॥੧॥
50556	1173	ਏ ਮਨ ਹਰਿਆ ਸਹਜ ਸੁਭਾਇ॥		Eae Man Hariaa Sehaj Subhaae ||	This mind is rejuvenated, with intuitive ease;	ਹੇ (ਮੇਰੇ) ਮਨ! ਆਤਮਕ ਅਡੋਲਤਾ ਦੇਣ ਵਾਲੇ (ਗੁਰ-) ਪਿਆਰ ਵਿਚ (ਟਿਕਿਆ ਰਹੁ। ਇਸ ਤਰ੍ਹਾਂ ਤੂੰ) ਆਤਮਕ ਜੀਵਨ ਦੀ ਤਰਾਵਤ ਨਾਲ ਭਰਪੂਰ ਹੋ ਜਾਇੰਗਾ।
50557	1173	ਸਚ ਫਲੁ ਲਾਗੈ ਸਤਿਗੁਰ ਭਾਇ॥੧॥ਰਹਾਉ॥		Sach Fal Laagai Sathigur Bhaae ||1|| Rehaao ||	Loving the True Guru, it bears the fruit of truth. ||1||Pause||	ਹੇ ਮਨ! ਗੁਰੂ ਦੇ ਪਿਆਰ ਦੀ ਬਰਕਤਿ ਨਾਲ (ਸਰੀਰ-ਰੁੱਖ ਨੂੰ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਨਾਮ-ਫਲ ਲੱਗਦਾ ਹੈ ॥੧॥ ਰਹਾਉ ॥
50558	1173	ਆਪੇ ਨੇੜੈ ਆਪੇ ਦੂਰਿ॥		Aapae Naerrai Aapae Dhoor ||	He Himself is near, and He Himself is far away.	(ਉਸ ਨੂੰ ਸਮਝ ਆ ਜਾਂਦੀ ਹੈ ਕਿ ਪ੍ਰਭੂ) ਆਪ ਹੀ (ਕਿਸੇ ਨੂੰ) ਨੇੜੇ (ਦਿੱਸ ਰਿਹਾ ਹੈ) ਆਪ ਹੀ (ਕਿਸੇ ਨੂੰ ਦੂਰ ਵੱਸਦਾ ਜਾਪਦਾ ਹੈ।
50559	1173	ਗੁਰ ਕੈ ਸਬਦਿ ਵੇਖੈ ਸਦ ਹਜੂਰਿ॥		Gur Kai Sabadh Vaekhai Sadh Hajoor ||	Through the Word of the Guru's Shabad, He is seen to be ever-present, close at hand.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਜਿਹੜਾ ਮਨੁੱਖ ਪਰਮਾਤਮਾ ਨੂੰ) ਸਦਾ ਆਪਣੇ ਅੰਗ-ਸੰਗ ਵੱਸਦਾ ਵੇਖਦਾ ਹੈ,

50560	1173	ਛਾਵ ਘਣੀ ਫੂਲੀ ਬਨਰਾਇ॥		Shhaav Ghanee Foolee Banaraae ||	The plants have blossomed forth, giving a dense shade.	(ਉਸ ਮਨੁੱਖ ਨੂੰ ਪਰਤੱਖ ਦਿੱਸਦਾ ਹੈ ਕਿ ਪਰਮਾਤਮਾ ਦੀ ਜੋਤਿ-ਅਗਨੀ ਨਾਲ ਹੀ) ਸਾਰੀ ਬਨਸਪਤੀ ਸੰਘਣੀ ਛਾਂ ਵਾਲੀ ਹੈ ਤੇ ਖਿੜੀ ਹੋਈ ਹੈ,
50561	1173	ਗੁਰਮੁਖਿ ਬਿਗਸੈ ਸਹਜਿ ਸੁਭਾਇ॥੨॥		Guramukh Bigasai Sehaj Subhaae ||2||	The Gurmukh blossoms forth, with intuitive ease. ||2||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਪ੍ਰਭੂ-ਪਿਆਰ ਵਿਚ ਜੁੜ ਕੇ (ਸਦਾ) ਆਨੰਦ-ਭਰਪੂਰ ਰਹਿੰਦਾ ਹੈ ॥੨॥
50562	1173	ਅਨਦਿਨੁ ਕੀਰਤਨੁ ਕਰਹਿ ਦਿਨ ਰਾਤਿ॥		Anadhin Keerathan Karehi Dhin Raath ||	Night and day, he sings the Kirtan of the Lord's Praises, day and night.	ਜਿਹੜੇ ਮਨੁੱਖ ਦਿਨ ਰਾਤ ਹਰ ਵੇਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਹਨ,
50563	1173	ਸਤਿਗੁਰਿ ਗਵਾਈ ਵਿਚਹੁ ਜੂਠਿ ਭਰਾਂਤਿ॥		Sathigur Gavaaee Vichahu Jooth Bharaanth ||	The True Guru drives out sin and doubt from within.	ਗੁਰੂ ਨੇ ਉਹਨਾਂ ਦੇ ਅੰਦਰੋਂ (ਮਾਇਆ ਦੀ ਖ਼ਾਤਰ) ਭਟਕਣਾ ਦੀ ਮੈਲ ਦੂਰ ਕਰ ਦਿੱਤੀ ਹੈ।
50564	1174	ਪਰਪੰਚ ਵੇਖਿ ਰਹਿਆ ਵਿਸਮਾਦੁ॥		Parapanch Vaekh Rehiaa Visamaadh ||	Gazing upon the wonder of God's Creation, I am wonder-struck and amazed.	(ਜਿਸ ਮਨੁੱਖ ਨੂੰ ਨਾਮ ਦੀ ਦਾਤ ਮਿਲਦੀ ਹੈ ਉਹ ਮਨੁੱਖ ਪਰਮਾਤਮਾ ਦੀ ਰਚੀ ਇਸ) ਜਗਤ-ਖੇਡ ਨੂੰ ਵੇਖ ਕੇ 'ਵਾਹ ਵਾਹ' ਕਰ ਉੱਠਦਾ ਹੈ।

50565	1174	ਗੁਰਮੁਖਿ ਪਾਈਐ ਨਾਮ ਪ੍ਰਸਾਦੁ॥੩॥		Guramukh Paaeeai Naam Prasaadh ||3||	The Gurmukh obtains the Naam, the Name of the Lord, by His Grace. ||3||	(ਪਰ) ਪਰਮਾਤਮਾ ਦੇ ਨਾਮ ਦੀ ਦਾਤ ਗੁਰੂ ਦੇ ਸਨਮੁਖ ਰਿਹਾਂ ਮਿਲਦੀ ਹੈ ॥੩॥
50566	1174	ਆਪੇ ਕਰਤਾ ਸਭਿ ਰਸ ਭੋਗ॥		Aapae Karathaa Sabh Ras Bhog ||	The Creator Himself enjoys all delights.	(ਪਰਮਾਤਮਾ ਸਭ ਥਾਈਂ ਵਿਆਪਕ ਹੋ ਕੇ) ਆਪ ਹੀ ਸਾਰੇ ਰਸ ਭੋਗ ਰਿਹਾ ਹੈ।
50567	1174	ਜੋ ਕਿਛੁ ਕਰੇ ਸੋਈ ਪਰੁ ਹੋਗ॥		Jo Kishh Karae Soee Par Hog ||	Whatever He does, surely comes to pass.	ਜੋ ਕੁਝ ਉਹ ਪ੍ਰਭੂ ਕਰਨਾ ਚਾਹੁੰਦਾ ਹੈ ਜ਼ਰੂਰ ਉਹੀ ਹੁੰਦਾ ਹੈ।
50568	1174	ਵਡਾ ਦਾਤਾ ਤਿਲੁ ਨ ਤਮਾਇ॥		Vaddaa Dhaathaa Thil N Thamaae ||	He is the Great Giver; He has no greed at all.	ਉਹ ਪਰਮਾਤਮਾ ਸਭ ਤੋਂ ਵੱਡਾ ਦਾਤਾ ਹੈ, ਉਸ ਨੂੰ ਆਪ ਨੂੰ ਰਤਾ ਭਰ ਭੀ ਕੋਈ ਲਾਲਚ ਨਹੀਂ ਹੈ।
50569	1174	ਨਾਨਕ ਮਿਲੀਐ ਸਬਦੁ ਕਮਾਇ॥੪॥੬॥		Naanak Mileeai Sabadh Kamaae ||4||6||	O Nanak, living the Word of the Shabad, the mortal meets with God. ||4||6||	ਹੇ ਨਾਨਕ! ਗੁਰੂ ਦੇ ਸ਼ਬਦ ਨੂੰ ਆਪਣੇ ਜੀਵਨ ਵਿਚ ਢਾਲ ਕੇ (ਹੀ ਉਸ ਨੂੰ) ਮਿਲਿਆ ਜਾ ਸਕਦਾ ਹੈ ॥੪॥੬॥
50570	1174	ਬਸੰਤੁ ਮਹਲਾ ੩॥		Basanth Mehalaa 3 ||	Basant, Third Mehl:	
50571	1174	ਪੂਰੈ ਭਾਗਿ ਸਚੁ ਕਾਰ ਕਮਾਵੈ॥		Poorai Bhaag Sach Kaar Kamaavai ||	By perfect destiny, one acts in truth.	ਜਿਹੜਾ ਮਨੁੱਖ ਵੱਡੀ ਕਿਸਮਤ ਨਾਲ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਾਰ ਕਰਦਾ ਹੈ,
50572	1174	ਏਕੋ ਚੇਤੈ ਫਿਰਿ ਜੋਨਿ ਨ ਆਵੈ॥		Eaeko Chaethai Fir Jon N Aavai ||	Remembering the One Lord, one does not have to enter the cycle of reincarnation.	ਜਿਹੜਾ ਮਨੁੱਖ ਸਿਰਫ਼ ਇਕ ਪਰਮਾਤਮਾ ਨੂੰ ਹੀ ਚਿੱਤ ਵਿਚ ਟਿਕਾਂਦਾ ਹੈ, ਉਹ ਮੁੜ ਮੁੜ ਜੂਨਾਂ ਵਿਚ ਨਹੀਂ ਪੈਂਦਾ।

50573	1174	ਸਫਲ ਜਨਮੁ ਇਸੁ ਜਗ ਮਹਿ ਆਇਆ॥		Safal Janam Eis Jag Mehi Aaeiaa ||	Fruitful is the coming into the world, and the life of one	ਇਸ ਜਗਤ ਵਿਚ ਆਇਆ ਹੋਇਆ ਉਹ ਮਨੁੱਖ ਕਾਮਯਾਬ ਜ਼ਿੰਦਗੀ ਵਾਲਾ ਹੈ,
50574	1174	ਸਾਚਿ ਨਾਮਿ ਸਹਜਿ ਸਮਾਇਆ॥੧॥		Saach Naam Sehaj Samaaeiaa ||1||	Who remains intuitively absorbed in the True Name. ||1||	ਜੋ ਸਦਾ-ਥਿਰ ਹਰਿ-ਨਾਮ ਵਿਚ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ॥੧॥
50575	1174	ਗੁਰਮੁਖਿ ਕਾਰ ਕਰਹੁ ਲਿਵ ਲਾਇ॥		Guramukh Kaar Karahu Liv Laae ||	The Gurmukh acts, lovingly attuned to the Lord.	ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਪਰਮਾਤਮਾ ਦਾ ਨਾਮ ਸਿਮਰਿਆ ਕਰੋ।
50576	1174	ਹਰਿ ਨਾਮੁ ਸੇਵਹੁ ਵਿਚਹੁ ਆਪੁ ਗਵਾਇ॥੧॥ਰਹਾਉ॥		Har Naam Saevahu Vichahu Aap Gavaae ||1|| Rehaao ||	Be dedicated to the Lord's Name, and eradicate self-conceit from within. ||1||Pause||	ਗੁਰੂ ਦੀ ਸਰਨ ਪੈ ਕੇ ਸੁਰਤ ਜੋੜ ਕੇ ਕਾਰ ਕਰਦੇ ਰਿਹਾ ਕਰੋ ॥੧॥ ਰਹਾਉ ॥
50577	1174	ਤਿਸੁ ਜਨ ਕੀ ਹੈ ਸਾਚੀ ਬਾਣੀ॥		This Jan Kee Hai Saachee Baanee ||	True is the speech of that humble being;	ਉਸ ਮਨੁੱਖ ਦੀ ਟੇਕ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਉਹ ਬਾਣੀ ਬਣ ਜਾਂਦੀ ਹੈ,
50578	1174	ਗੁਰ ਕੈ ਸਬਦਿ ਜਗ ਮਾਹਿ ਸਮਾਣੀ॥		Gur Kai Sabadh Jag Maahi Samaanee ||	Through the Word of the Guru's Shabad, it is spread throughout the world.	ਜਿਹੜੀ ਸਾਰੇ ਜਗਤ ਵਿਚ (ਜੀਵਨ-ਰੌ ਹੋ ਕੇ) ਸਮਾਈ ਹੋਈ ਹੈ। ਉਹ ਮਨੁੱਖ ਸਦਾ ਗੁਰੂ ਦੇ ਸ਼ਬਦ ਵਿਚ ਲੀਨ ਰਹਿੰਦਾ ਹੈ।

50579	1174	ਚਹੁ ਜੁਗ ਪਸਰੀ ਸਾਚੀ ਸੋਇ॥		Chahu Jug Pasaree Saachee Soe ||	Throughout the four ages, his fame and glory spread.	ਉਸ ਮਨੁੱਖ ਦੀ ਅਟੱਲ ਸੋਭਾ ਚੌਹਾਂ ਜੁਗਾਂ ਵਿਚ ਖਿਲਰੀ ਰਹਿੰਦੀ ਹੈ
50580	1174	ਨਾਮਿ ਰਤਾ ਜਨੁ ਪਰਗਟੁ ਹੋਇ॥੨॥		Naam Rathaa Jan Paragatt Hoe ||2||	Imbued with the Naam, the Name of the Lord, the Lord's humble servant is recognized and renowned. ||2||	ਪਰਮਾਤਮਾ ਦੇ ਨਾਮ ਵਿਚ ਰੰਗਿਆ ਹੋਇਆ ਮਨੁੱਖ (ਜਗਤ ਵਿਚ) ਪ੍ਰਸਿੱਧ ਹੋ ਜਾਂਦਾ ਹੈ ॥੨॥
50581	1174	ਇਕਿ ਸਾਚੈ ਸਬਦਿ ਰਹੇ ਲਿਵ ਲਾਇ॥		Eik Saachai Sabadh Rehae Liv Laae ||	Some remain lovingly attuned to the True Word of the Shabad.	ਕਈ ਅਜਿਹੇ ਮਨੁੱਖ ਹਨ ਜੋ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਸੁਰਤ ਜੋੜੀ ਰੱਖਦੇ ਹਨ।
50582	1174	ਸੇ ਜਨ ਸਾਚੇ ਸਾਚੈ ਭਾਇ॥		Sae Jan Saachae Saachai Bhaae ||	True are those humble beings who love the True Lord.	ਸਦਾ-ਥਿਰ ਪ੍ਰਭੂ ਦੇ ਪ੍ਰੇਮ ਵਿਚ ਟਿਕ ਕੇ ਉਹ ਮਨੁੱਖ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦੇ ਹਨ।
50583	1174	ਸਾਚੁ ਧਿਆਇਨਿ ਦੇਖਿ ਹਜੂਰਿ॥		Saach Dhhiaaein Dhaekh Hajoor ||	They meditate on the True Lord, and behold Him near at hand, ever-present.	ਉਹ ਮਨੁੱਖ ਸਦਾ-ਥਿਰ ਪ੍ਰਭੂ ਨੂੰ ਆਪਣੇ ਅੰਗ-ਸੰਗ ਵੱਸਦਾ ਵੇਖ ਕੇ ਉਸ ਦਾ ਨਾਮ ਸਿਮਰਦੇ ਰਹਿੰਦੇ ਹਨ,
50584	1174	ਸੰਤ ਜਨਾ ਕੀ ਪਗ ਪੰਕਜ ਧੂਰਿ॥੩॥		Santh Janaa Kee Pag Pankaj Dhhoor ||3||	They are the dust of the lotus feet of the humble Saints. ||3||	ਅਤੇ ਸੰਤ ਜਨਾਂ ਦੇ ਸੋਹਣੇ ਚਰਨਾਂ ਦੀ ਧੂੜ (ਆਪਣੇ ਮੱਥੇ ਤੇ ਲਾਂਦੇ ਹਨ) ॥੩॥

50585	1174	ਏਕੋ ਕਰਤਾ ਅਵਰੁ ਨ ਕੋਇ॥		Eaeko Karathaa Avar N Koe ||	There is only One Creator Lord; there is no other at all.	ਉਸ ਨੂੰ (ਹਰ ਥਾਂ) ਇਕ ਕਰਤਾਰ ਹੀ ਦਿੱਸਦਾ ਹੈ, ਉਸ ਤੋਂ ਬਿਨਾ ਕੋਈ ਹੋਰ ਉਸ ਨੂੰ ਨਜ਼ਰੀਂ ਨਹੀਂ ਆਉਂਦਾ।
50586	1174	ਗੁਰ ਸਬਦੀ ਮੇਲਾਵਾ ਹੋਇ॥		Gur Sabadhee Maelaavaa Hoe ||	Through the Word of the Guru's Shabad, comes Union with the Lord.	ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਨਾਲ) ਉਸ ਦਾ ਮਿਲਾਪ ਹੋ ਜਾਂਦਾ ਹੈ।
50587	1174	ਜਿਨਿ ਸਚੁ ਸੇਵਿਆ ਤਿਨਿ ਰਸੁ ਪਾਇਆ॥		Jin Sach Saeviaa Thin Ras Paaeiaa ||	Whoever serves the True Lord finds joy.	ਜਿਸ ਮਨੁੱਖ ਨੇ ਸਦਾ-ਥਿਰ ਹਰਿ-ਨਾਮ ਸਿਮਰਿਆ ਹੈ, ਉਸ ਨੇ ਆਤਮਕ ਆਨੰਦ ਮਾਣਿਆ ਹੈ।
50588	1174	ਨਾਨਕ ਸਹਜੇ ਨਾਮਿ ਸਮਾਇਆ॥੪॥੭॥		Naanak Sehajae Naam Samaaeiaa ||4||7||	O Nanak, he is intuitively absorbed in the Naam, the Name of the Lord. ||4||7||	ਹੇ ਨਾਨਕ! ਉਹ ਸਦਾ ਆਤਮਕ ਅਡੋਲਤਾ ਵਿਚ ਹਰਿ-ਨਾਮ ਵਿਚ ਲੀਨ ਰਹਿੰਦਾ ਹੈ ॥੪॥੭॥
50589	1174	ਬਸੰਤੁ ਮਹਲਾ ੩॥		Basanth Mehalaa 3 ||	Basant, Third Mehl:	
50590	1174	ਭਗਤਿ ਕਰਹਿ ਜਨ ਦੇਖਿ ਹਜੂਰਿ॥		Bhagath Karehi Jan Dhaekh Hajoor ||	The Lord's humble servant worships Him and beholds Him ever-present near at hand.	ਭਗਤ-ਜਨ ਪਰਮਾਤਮਾ ਨੂੰ ਅੰਗ-ਸੰਗ ਵੱਸਦਾ ਵੇਖ ਕੇ ਉਸ ਦੀ ਭਗਤੀ ਕਰਦੇ ਹਨ,
50591	1174	ਸੰਤ ਜਨਾ ਕੀ ਪਗ ਪੰਕਜ ਧੂਰਿ॥		Santh Janaa Kee Pag Pankaj Dhhoor ||	He is the dust of the lotus feet of the humble Saints.	ਸੰਤ ਜਨਾਂ ਦੇ ਸੋਹਣੇ ਚਰਨਾਂ ਦੀ ਧੂੜ (ਆਪਣੇ ਮੱਥੇ ਤੇ ਲਾਂਦੇ ਹਨ)।

50592	1174	ਹਰਿ ਸੇਤੀ ਸਦ ਰਹਹਿ ਲਿਵ ਲਾਇ॥	ਰਹ–ਹਿ	Har Saethee Sadh Rehehi Liv Laae ||	Those who remain lovingly attuned to the Lord forever	ਉਹ ਸਦਾ ਪਰਮਾਤਮਾ ਨਾਲ ਆਪਣੀ ਸੁਰਤ ਜੋੜੀ ਰੱਖਦੇ ਹਨ।
50593	1174	ਪੂਰੈ ਸਤਿਗੁਰਿ ਦੀਆ ਬੁਝਾਇ॥੧॥		Poorai Sathigur Dheeaa Bujhaae ||1||	Are blessed with understanding by the Perfect True Guru. ||1||	ਪੂਰੇ ਗੁਰੂ ਨੇ ਉਹਨਾਂ ਨੂੰ ਇਹ ਸਮਝ ਬਖ਼ਸ਼ੀ ਹੁੰਦੀ ਹੈ ॥੧॥
50594	1174	ਦਾਸਾ ਕਾ ਦਾਸੁ ਵਿਰਲਾ ਕੋਈ ਹੋਇ॥		Dhaasaa Kaa Dhaas Viralaa Koee Hoe ||	How rare are those who become the slave of the Lord's slaves.	ਕੋਈ ਵਿਰਲਾ ਮਨੁੱਖ (ਪਰਮਾਤਮਾ ਦੇ) ਸੇਵਕਾਂ ਦਾ ਸੇਵਕ ਬਣਦਾ ਹੈ।
50595	1174	ਊਤਮ ਪਦਵੀ ਪਾਵੈ ਸੋਇ॥੧॥ਰਹਾਉ॥		Ootham Padhavee Paavai Soe ||1|| Rehaao ||	They attain the supreme status. ||1||Pause||	(ਜਿਹੜਾ ਮਨੁੱਖ ਬਣਦਾ ਹੈ) ਉਹ ਸ੍ਰੇਸ਼ਟ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ ॥੧॥ ਰਹਾਉ ॥
50596	1174	ਏਕੋ ਸੇਵਹੁ ਅਵਰੁ ਨ ਕੋਇ॥		Eaeko Saevahu Avar N Koe ||	So serve the One Lord, and no other.	ਉਸ ਇਕ ਪਰਮਾਤਮਾ ਦੀ ਭਗਤੀ ਕਰਿਆ ਕਰੋ, ਜਿਸ ਵਰਗਾ ਹੋਰ ਕੋਈ ਨਹੀਂ ਹੈ,
50597	1174	ਜਿਤੁ ਸੇਵਿਐ ਸਦਾ ਸੁਖੁ ਹੋਇ॥		Jith Saeviai Sadhaa Sukh Hoe ||	Serving Him, eternal peace is obtained.	ਤੇ ਜਿਸ ਦੀ ਭਗਤੀ ਕੀਤਿਆਂ ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ।
50598	1174	ਨਾ ਓਹੁ ਮਰੈ ਨ ਆਵੈ ਜਾਇ॥		Naa Ouhu Marai N Aavai Jaae ||	He does not die; He does not come and go in reincarnation.	ਉਹ ਪਰਮਾਤਮਾ ਨਾਹ ਕਦੇ ਮਰਦਾ ਹੈ, ਨਾਹ ਜਨਮ ਮਰਨ ਦੇ ਗੇੜ ਵਿਚ ਪੈਂਦਾ ਹੈ।

50599	1174	ਤਿਸੁ ਬਿਨੁ ਅਵਰੁ ਸੇਵੀ ਕਿਉ ਮਾਇ॥੨॥		This Bin Avar Saevee Kio Maae ||2||	Why should I serve any other than Him, O my mother? ||2||	ਹੇ (ਮੇਰੀ) ਮਾਂ! ਮੈਂ ਉਸ ਤੋਂ ਬਿਨਾ ਕਿਸੇ ਹੋਰ ਦੀ ਭਗਤੀ ਕਿਉਂ ਕਰਾਂ? ॥੨॥
50600	1174	ਸੇ ਜਨ ਸਾਚੇ ਜਿਨੀ ਸਾਚੁ ਪਛਾਣਿਆ॥		Sae Jan Saachae Jinee Saach Pashhaaniaa ||	True are those humble beings who realize the True Lord.	ਜਿਨ੍ਹਾਂ ਮਨੁੱਖਾਂ ਨੇ ਸਦਾ-ਥਿਰ ਪ੍ਰਭੂ ਨਾਲ ਸਾਂਝ ਪਾ ਲਈ, ਉਹ ਅਟੱਲ ਜੀਵਨ ਵਾਲੇ ਹੋ ਗਏ।
50601	1174	ਆਪੁ ਮਾਰਿ ਸਹਜੇ ਨਾਮਿ ਸਮਾਣਿਆ॥		Aap Maar Sehajae Naam Samaaniaa ||	Conquering their self-conceit, they merge intuitively into the Naam, the Name of the Lord.	ਉਹ ਮਨੁੱਖ ਆਪਾ-ਭਾਵ ਗਵਾ ਕੇ ਆਤਮਕ ਅਡੋਲਤਾ ਵਿਚ ਹਰਿ-ਨਾਮ ਵਿਚ ਲੀਨ ਰਹਿੰਦੇ ਹਨ।
50602	1174	ਗੁਰਮੁਖਿ ਨਾਮੁ ਪਰਾਪਤਿ ਹੋਇ॥		Guramukh Naam Paraapath Hoe ||	The Gurmukhs gather in the Naam.	ਪਰਮਾਤਮਾ ਦਾ ਨਾਮ ਗੁਰੂ ਦੀ ਸਰਨ ਪਿਆਂ ਮਿਲਦਾ ਹੈ,
50603	1174	ਮਨੁ ਨਿਰਮਲੁ ਨਿਰਮਲ ਸਚੁ ਸੋਇ॥੩॥		Man Niramal Niramal Sach Soe ||3||	Their minds are immaculate, and their reputations are immaculate. ||3||	(ਜਿਸ ਨੂੰ ਮਿਲਦਾ ਹੈ ਉਸ ਦਾ) ਮਨ ਪਵਿੱਤਰ ਹੋ ਜਾਂਦਾ ਹੈ, (ਉਸ ਨੂੰ) ਸਦਾ-ਥਿਰ ਤੇ ਪਵਿੱਤਰ ਪਰਮਾਤਮਾ (ਹੀ ਹਰ ਥਾਂ ਦਿੱਸਦਾ ਹੈ) ॥੩॥
50604	1174	ਜਿਨਿ ਗਿਆਨੁ ਕੀਆ ਤਿਸੁ ਹਰਿ ਤੂ ਜਾਣ॥		Jin Giaan Keeaa This Har Thoo Jaan ||	Know the Lord, who gave you spiritual wisdom,	ਜਿਸ (ਪਰਮਾਤਮਾ) ਨੇ (ਤੇਰੇ ਅੰਦਰ) ਆਤਮਕ ਜੀਵਨ ਦੀ ਸੂਝ ਪੈਦਾ ਕੀਤੀ ਹੈ, ਉਸ ਨਾਲ ਸਦਾ ਡੂੰਘੀ ਸਾਂਝ ਪਾਈ ਰੱਖ।

50605	1174	ਸਾਚ ਸਬਦਿ ਪ੍ਰਭੁ ਏਕੁ ਸਿਞਾਣੁ॥		Saach Sabadh Prabh Eaek Sinjaan ||	And realize the One God, through the True Word of the Shabad.	ਉਸ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਦੀ ਰਾਹੀਂ ਉਸ ਇਕ ਪਰਮਾਤਮਾ ਨਾਲ ਜਾਣ-ਪਛਾਣ ਬਣਾਈ ਰੱਖ।
50606	1174	ਹਰਿ ਰਸੁ ਚਾਖੈ ਤਾਂ ਸੁਧਿ ਹੋਇ॥		Har Ras Chaakhai Thaan Sudhh Hoe ||	When the mortal tastes the sublime essence of the Lord, he becomes pure and holy.	ਜਦੋਂ ਮਨੁੱਖ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਦਾ ਹੈ ਤਦੋਂ (ਉਸ ਨੂੰ ਉੱਚੇ ਆਤਮਕ ਜੀਵਨ ਦੀ) ਸਮਝ ਪ੍ਰਾਪਤ ਹੋ ਜਾਂਦੀ ਹੈ।
50607	1174	ਨਾਨਕ ਨਾਮਿ ਰਤੇ ਸਚੁ ਸੋਇ॥੪॥੮॥		Naanak Naam Rathae Sach Soe ||4||8||	O Nanak, those who are imbued with the Naam - their reputations are true. ||4||8||	ਹੇ ਨਾਨਕ! ਨਾਮ ਵਿਚ ਰੰਗੀਜ ਕੇ ਉਹ ਸਦਾ-ਥਿਰ ਪ੍ਰਭੂ (ਉਸ ਨੂੰ ਹਰ ਥਾਂ ਵੱਸਦਾ ਦਿੱਸਦਾ ਹੈ) ॥੪॥੮॥
50608	1174	ਬਸੰਤੁ ਮਹਲਾ ੩॥		Basanth Mehalaa 3 ||	Basant, Third Mehl:	
50609	1174	ਨਾਮਿ ਰਤੇ ਕੁਲਾਂ ਕਾ ਕਰਹਿ ਉਧਾਰੁ॥		Naam Rathae Kulaan Kaa Karehi Oudhhaar ||	Those who are imbued with the Naam, the Name of the Lord - their generations are redeemed and saved.	ਪਰਮਾਤਮਾ ਦੇ ਨਾਮ ਵਿਚ ਰੰਗੇ ਹੋਏ ਮਨੁੱਖ (ਆਪਣੀਆਂ ਸਾਰੀਆਂ) ਕੁਲਾਂ ਦਾ (ਭੀ) ਪਾਰ-ਉਤਾਰਾ ਕਰ ਲੈਂਦੇ ਹਨ।
50610	1174	ਸਾਚੀ ਬਾਣੀ ਨਾਮ ਪਿਆਰੁ॥		Saachee Baanee Naam Piaar ||	True is their speech; they love the Naam.	ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ (ਉਹਨਾਂ ਦੇ ਹਿਰਦੇ ਵਿਚ ਟਿਕੀ ਰਹਿੰਦੀ ਹੈ), ਹਰਿ-ਨਾਮ ਦਾ ਪਿਆਰ (ਉਹਨਾਂ ਦੇ ਮਨ ਵਿਚ ਵੱਸਿਆ ਰਹਿੰਦਾ ਹੈ)।

50611	1174	ਮਨਮੁਖ ਭੂਲੇ ਕਾਹੇ ਆਏ॥		Manamukh Bhoolae Kaahae Aaeae ||	Why have the wandering self-willed manmukhs even come into the world?	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਕੁਰਾਹੇ ਪਏ ਰਹਿੰਦੇ ਹਨ,
50612	1174	ਨਾਮਹੁ ਭੂਲੇ ਜਨਮੁ ਗਵਾਏ॥੧॥		Naamahu Bhoolae Janam Gavaaeae ||1||	Forgetting the Naam, the mortals waste their lives away. ||1||	ਨਾਮ ਤੋਂ ਖੁੰਝ ਕੇ ਜੀਵਨ ਅਜਾਈਂ ਗਵਾ ਕੇ ਉਹ ਜਗਤ ਵਿਚ ਜਿਹੇ ਆਏ ਜਿਹੇ ਨਾਹ ਆਏ ॥੧॥
50613	1174	ਜੀਵਤ ਮਰੈ ਮਰਿ ਮਰਣੁ ਸਵਾਰੈ॥		Jeevath Marai Mar Maran Savaarai ||	One who dies while yet alive, truly dies, and embellishes his death.	ਉਹ ਮਨੁੱਖ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਮਾਇਆ ਦੇ ਮੋਹ ਤੋਂ ਬਚਿਆ ਰਹਿੰਦਾ ਹੈ, ਵਿਕਾਰਾਂ ਵਲੋਂ ਮਰ ਕੇ ਉਹ ਮਨੁੱਖ ਆਪਣੇ ਜੀਵਨ ਨੂੰ ਸੋਹਣਾ ਬਣਾ ਲੈਂਦਾ ਹੈ,
50614	1174	ਗੁਰ ਕੈ ਸਬਦਿ ਸਾਚੁ ਉਰ ਧਾਰੈ॥੧॥ਰਹਾਉ॥		Gur Kai Sabadh Saach Our Dhhaarai ||1|| Rehaao ||	Through the Word of the Guru's Shabad, he enshrines the True Lord within his heart. ||1||Pause||	ਜਿਹੜਾ ਗੁਰੂ ਦੇ ਸ਼ਬਦ ਦੀ ਰਾਹੀਂ ਸਦਾ ਕਾਇਮ ਰਹਿਣ ਵਾਲੇ ਹਰਿ-ਨਾਮ ਨੂੰ ਆਪਣੇ ਹਿਰਦੇ ਵਿਚ ਵਸਾਂਦਾ ਹੈ ॥੧॥ ਰਹਾਉ ॥
50615	1174	ਗੁਰਮੁਖਿ ਸਚੁ ਭੋਜਨੁ ਪਵਿਤੁ ਸਰੀਰਾ॥		Guramukh Sach Bhojan Pavith Sareeraa ||	Truth is the food of the Gurmukh; his body is sanctified and pure.	ਗੁਰੂ ਦੀ ਸਰਨ ਪੈ ਕੇ ਜਿਹੜਾ ਮਨੁੱਖ ਸਦਾ-ਥਿਰ ਹਰਿ-ਨਾਮ ਨੂੰ (ਆਪਣੇ ਆਤਮਕ ਜੀਵਨ ਦੀ) ਖ਼ੁਰਾਕ ਬਣਾਂਦਾ ਹੈ, ਉਸ ਦਾ ਸਰੀਰ ਪਵਿੱਤਰ ਹੋ ਜਾਂਦਾ ਹੈ,

50616	1174	ਮਨੁ ਨਿਰਮਲੁ ਸਦ ਗੁਣੀ ਗਹੀਰਾ॥		Man Niramal Sadh Gunee Geheeraa ||	His mind is immaculate; he is forever the ocean of virtue.	ਉਸ ਦਾ ਮਨ ਪਵਿੱਤਰ ਹੋ ਜਾਂਦਾ ਹੈ। ਗੁਣਾਂ ਦਾ ਮਾਲਕ ਡੂੰਘੇ ਜਿਗਰੇ ਵਾਲਾ ਹਰੀ ਸਦਾ (ਉਸ ਦੇ ਅੰਦਰ ਵੱਸਦਾ ਹੈ)।
50617	1174	ਜੰਮੈ ਮਰੈ ਨ ਆਵੈ ਜਾਇ॥		Janmai Marai N Aavai Jaae ||	He is not forced to come and go in the cycle of birth and death.	ਉਹ ਮਨੁੱਖ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ,
50618	1174	ਗੁਰ ਪਰਸਾਦੀ ਸਾਚਿ ਸਮਾਇ॥੨॥		Gur Parasaadhee Saach Samaae ||2||	By Guru's Grace, he merges in the True Lord. ||2||	ਗੁਰੂ ਦੀ ਕਿਰਪਾ ਨਾਲ ਉਹ ਸਦਾ-ਥਿਰ ਹਰਿ-ਨਾਮ ਵਿਚ ਲੀਨ ਰਹਿੰਦਾ ਹੈ ॥੨॥
50619	1174	ਸਾਚਾ ਸੇਵਹੁ ਸਾਚੁ ਪਛਾਣੈ॥		Saachaa Saevahu Saach Pashhaanai ||	Serving the True Lord, one realizes Truth.	ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਭਗਤੀ ਕਰਿਆ ਕਰੋ।
50620	1174	ਗੁਰ ਕੈ ਸਬਦਿ ਹਰਿ ਦਰਿ ਨੀਸਾਣੈ॥		Gur Kai Sabadh Har Dhar Neesaanai ||	Through the Word of the Guru's Shabad, he goes to the Lord's Court with his banners flying proudly.	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਸਦਾ-ਥਿਰ ਪ੍ਰਭੂ ਨਾਲ ਸਾਂਝ ਪਾਂਦਾ ਹੈ, ਪਰਮਾਤਮਾ ਦੇ ਦਰ ਤੇ ਉਸ ਨੂੰ ਆਦਰ ਮਿਲਦਾ ਹੈ।
50621	1175	ਦਰਿ ਸਾਚੈ ਸਚੁ ਸੋਭਾ ਹੋਇ॥		Dhar Saachai Sach Sobhaa Hoe ||	In the Court of the True Lord, he obtains true glory.	ਸਦਾ-ਥਿਰ ਹਰਿ ਨਾਮ (ਜਿਸ ਦੇ ਮਨ ਵਿਚ ਵੱਸਦਾ ਹੈ) ਸਦਾ-ਥਿਰ ਪ੍ਰਭੂ ਦੇ ਦਰ ਤੇ ਉਸ ਦੀ ਸੋਭਾ ਹੁੰਦੀ ਹੈ।

50622	1175	ਨਿਜ ਘਰਿ ਵਾਸਾ ਪਾਵੈ ਸੋਇ॥੩॥		Nij Ghar Vaasaa Paavai Soe ||3||	He comes to dwell in the home of his own inner being. ||3||	ਉਹ ਮਨੁੱਖ ਆਪਣੇ ਘਰ ਵਿਚ ਟਿਕਿਆ ਰਹਿੰਦਾ ਹੈ (ਭਟਕਣਾ ਤੋਂ ਬਚਿਆ ਰਹਿੰਦਾ ਹੈ) ॥੩॥
50623	1175	ਆਪਿ ਅਭੁਲੁ ਸਚਾ ਸਚੁ ਸੋਇ॥	ਅ-ਭੁੱਲੁ	Aap Abhul Sachaa Sach Soe ||	He cannot be fooled; He is the Truest of the True.	ਉਹ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪ ਭੁੱਲਾਂ ਕਰਨ ਵਾਲਾ ਨਹੀਂ।
50624	1175	ਹੋਰਿ ਸਭਿ ਭੂਲਹਿ ਦੂਜੈ ਪਤਿ ਖੋਇ॥		Hor Sabh Bhoolehi Dhoojai Path Khoe ||	All others are deluded; in duality, they lose their honor.	ਹੋਰ ਸਾਰੇ ਜੀਵ ਮਾਇਆ ਦੇ ਮੋਹ ਵਿਚ ਇੱਜ਼ਤ ਗਵਾ ਕੇ (ਜ਼ਿੰਦਗੀ ਦੇ) ਗ਼ਲਤ ਰਾਹੇ ਪਏ ਰਹਿੰਦੇ ਹਨ।
50625	1175	ਸਾਚਾ ਸੇਵਹੁ ਸਾਚੀ ਬਾਣੀ॥		Saachaa Saevahu Saachee Baanee ||	So serve the True Lord, through the True Bani of His Word.	ਸਦਾ-ਥਿਰ ਪ੍ਰਭੂ ਦੀ ਭਗਤੀ ਕਰਦੇ ਰਿਹਾ ਕਰੋ।
50626	1175	ਨਾਨਕ ਨਾਮੇ ਸਾਚਿ ਸਮਾਣੀ॥੪॥੯॥		Naanak Naamae Saach Samaanee ||4||9||	O Nanak, through the Naam, merge in the True Lord. ||4||9||	ਹੇ ਨਾਨਕ! (ਆਖ-ਜਿਸ ਮਨੁੱਖ ਦੇ ਹਿਰਦੇ ਵਿਚ) ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ (ਟਿਕੀ ਰਹਿੰਦੀ ਹੈ) ਉਸ ਮਨੁੱਖ ਦੀ ਸੁਰਤ ਸਦਾ-ਥਿਰ ਹਰਿ-ਨਾਮ ਵਿਚ ਲੀਨ ਰਹਿੰਦੀ ਹੈ ॥੪॥੯॥
50627	1175	ਬਸੰਤੁ ਮਹਲਾ ੩॥		Basanth Mehalaa 3 ||	Basant, Third Mehl:	
50628	1175	ਬਿਨੁ ਕਰਮਾ ਸਭ ਭਰਮਿ ਭੁਲਾਈ॥		Bin Karamaa Sabh Bharam Bhulaaee ||	Without the grace of good karma, all are deluded by doubt.	ਪ੍ਰਭੂ ਦੀ ਬਖ਼ਸ਼ਸ਼ ਤੋਂ ਬਿਨਾ ਸਾਰੀ (ਲੋਕਾਈ) ਨੂੰ ਭਟਕਣਾ ਨੇ ਕੁਰਾਹੇ ਪਾ ਰੱਖਿਆ ਹੈ,

50629	1175	ਮਾਇਆ ਮੋਹਿ ਬਹੁਤੁ ਦੁਖੁ ਪਾਈ॥		Maaeiaa Mohi Bahuth Dhukh Paaee ||	In attachment to Maya, they suffer in terrible pain.	ਮਾਇਆ ਦੇ ਮੋਹ ਵਿਚ ਫਸ ਕੇ (ਲੋਕਾਈ) ਬਹੁਤ ਦੁਖ ਪਾਂਦੀ ਹੈ।
50630	1175	ਮਨਮੁਖ ਅੰਧੇ ਠਉਰ ਨ ਪਾਈ॥		Manamukh Andhhae Thour N Paaee ||	The blind, self-willed manmukhs find no place of rest.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਰਹਿੰਦੇ ਹਨ।
50631	1175	ਬਿਸਟਾ ਕਾ ਕੀੜਾ ਬਿਸਟਾ ਮਾਹਿ ਸਮਾਈ॥੧॥		Bisattaa Kaa Keerraa Bisattaa Maahi Samaaee ||1||	They are like maggots in manure, rotting away in manure. ||1||	(ਮੋਹ-ਗ੍ਰਸਿਆ ਮਨੁੱਖ) ਆਤਮਕ ਸ਼ਾਂਤੀ ਦਾ ਟਿਕਾਣਾ ਪ੍ਰਾਪਤ ਨਹੀਂ ਕਰ ਸਕਦਾ (ਵਿਕਾਰਾਂ ਵਿਚ ਹੀ ਫਸਿਆ ਰਹਿੰਦਾ ਹੈ, ਜਿਵੇਂ) ਗੰਦ ਦਾ ਕੀੜਾ ਗੰਦ ਵਿਚ ਹੀ ਮਸਤ ਰਹਿੰਦਾ ਹੈ ॥੧॥
50632	1175	ਹੁਕਮੁ ਮੰਨੇ ਸੋ ਜਨੁ ਪਰਵਾਣੁ॥		Hukam Mannae So Jan Paravaan ||	That humble being who obeys the Hukam of the Lord's Command is accepted.	ਜਿਹੜਾ ਮਨੁੱਖ (ਪਰਮਾਤਮਾ ਦੀ) ਰਜ਼ਾ ਨੂੰ (ਮਿੱਠਾ ਕਰ ਕੇ) ਮੰਨਦਾ ਹੈ, ਉਹ ਮਨੁੱਖ (ਪਰਮਾਤਮਾ ਦੀ ਹਜ਼ੂਰੀ ਵਿਚ) ਕਬੂਲ ਹੋ ਜਾਂਦਾ ਹੈ।
50633	1175	ਗੁਰ ਕੈ ਸਬਦਿ ਨਾਮਿ ਨੀਸਾਣੁ॥੧॥ਰਹਾਉ॥		Gur Kai Sabadh Naam Neesaan ||1|| Rehaao ||	Through the Word of the Guru's Shabad, he is blessed with the insignia and the banner of the Naam, the Name of the Lord. ||1||Pause||	ਉਹ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ ਅਤੇ ਪਰਮਾਤਮਾ ਦੇ ਦਰ ਤੇ ਆਦਰ ਪ੍ਰਾਪਤ ਕਰਦਾ ਹੈ ॥੧॥ ਰਹਾਉ ॥

50634	1175	ਸਾਚਿ ਰਤੇ ਜਿਨ੍ਹਾ ਧੁਰਿ ਲਿਖਿ ਪਾਇਆ॥		Saach Rathae Jinhaa Dhhur Likh Paaeiaa ||	Those who have such pre-ordained destiny are imbued with the Naam.	ਜਿਨ੍ਹਾਂ ਦੇ ਮੱਥੇ ਉਤੇ ਧੁਰ ਦਰਗਾਹ ਤੋਂ ਭਗਤੀ ਦਾ ਲੇਖ ਲਿਖਿਆ ਹੁੰਦਾ ਹੈ, ਉਹ ਸਦਾ-ਥਿਰ ਹਰਿ-ਨਾਮ ਵਿਚ ਰੰਗੇ ਰਹਿੰਦੇ ਹਨ।
50635	1175	ਹਰਿ ਕਾ ਨਾਮੁ ਸਦਾ ਮਨਿ ਭਾਇਆ॥		Har Kaa Naam Sadhaa Man Bhaaeiaa ||	The Name of the Lord is forever pleasing to their minds.	ਪਰਮਾਤਮਾ ਦਾ ਨਾਮ ਸਦਾ ਉਹਨਾਂ ਨੂੰ ਆਪਣੇ ਮਨ ਵਿਚ ਪਿਆਰਾ ਲੱਗਦਾ ਹੈ।
50636	1175	ਸਤਿਗੁਰ ਕੀ ਬਾਣੀ ਸਦਾ ਸੁਖੁ ਹੋਇ॥		Sathigur Kee Baanee Sadhaa Sukh Hoe ||	Through the Bani, the Word of the True Guru, eternal peace is found.	ਗੁਰੂ ਦੀ ਬਾਣੀ ਦੀ ਬਰਕਤਿ ਨਾਲ ਉਹਨਾਂ ਦੇ ਅੰਦਰ ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ,
50637	1175	ਜੋਤੀ ਜੋਤਿ ਮਿਲਾਏ ਸੋਇ॥੨॥		Jothee Joth Milaaeae Soe ||2||	Through it, one's light merges into the Light. ||2||	ਬਾਣੀ ਉਹਨਾਂ ਦੀ ਜਿੰਦ ਨੂੰ ਪਰਮਾਤਮਾ ਦੀ ਜੋਤਿ ਵਿਚ ਮਿਲਾ ਦੇਂਦੀ ਹੈ ॥੨॥
50638	1175	ਏਕੁ ਨਾਮੁ ਤਾਰੇ ਸੰਸਾਰੁ॥		Eaek Naam Thaarae Sansaar ||	Only the Naam, the Name of the Lord, can save the world.	ਪਰਮਾਤਮਾ ਦਾ ਨਾਮ ਹੀ ਜਗਤ ਨੂੰ (ਵਿਕਾਰਾਂ-ਭਰੇ ਸਮੁੰਦਰ ਤੋਂ) ਪਾਰ ਲੰਘਾਂਦਾ ਹੈ,
50639	1175	ਗੁਰ ਪਰਸਾਦੀ ਨਾਮ ਪਿਆਰੁ॥		Gur Parasaadhee Naam Piaar ||	By Guru's Grace, one comes to love the Naam.	ਪਰ ਨਾਮ ਦਾ ਪਿਆਰ ਗੁਰੂ ਦੀ ਕਿਰਪਾ ਨਾਲ ਬਣਦਾ ਹੈ।
50640	1175	ਬਿਨੁ ਨਾਮੈ ਮੁਕਤਿ ਕਿਨੈ ਨ ਪਾਈ॥		Bin Naamai Mukath Kinai N Paaee ||	Without the Naam, no one obtains liberation.	ਪਰਮਾਤਮਾ ਦੇ ਨਾਮ ਤੋਂ ਬਿਨਾ ਕਿਸੇ ਮਨੁੱਖ ਨੇ ਵਿਕਾਰਾਂ ਤੋਂ ਖ਼ਲਾਸੀ ਹਾਸਲ ਨਹੀਂ ਕੀਤੀ।
50641	1175	ਪੂਰੇ ਗੁਰ ਤੇ ਨਾਮੁ ਪਲੈ ਪਾਈ॥੩॥	ਪੱਲੈ	Poorae Gur Thae Naam Palai Paaee ||3||	Through the Perfect Guru, the Naam is obtained. ||3||	ਨਾਮ ਪੂਰੇ ਗੁਰੂ ਤੋਂ ਮਿਲਦਾ ਹੈ ॥੩॥

50642	1175	ਸੋ ਬੂਝੈ ਜਿਸੁ ਆਪਿ ਬੁਝਾਏ॥	ਬੂੱਝੈ,ਬੁੱਝਾਏ	So Boojhai Jis Aap Bujhaaeae ||	He alone understands, whom the Lord Himself causes to understand.	(ਆਤਮਕ ਜੀਵਨ ਦਾ ਸਹੀ ਰਸਤਾ) ਉਹ ਮਨੁੱਖ ਸਮਝਦਾ ਹੈ ਜਿਸ ਨੂੰ ਪਰਮਾਤਮਾ ਆਪ ਸਮਝਾਂਦਾ ਹੈ,
50643	1175	ਸਤਿਗੁਰ ਸੇਵਾ ਨਾਮੁ ਦ੍ਰਿੜਾਏ॥		Sathigur Saevaa Naam Dhrirrhaaeae ||	Serving the True Guru, the Naam is implanted within.	ਪਰਮਾਤਮਾ ਉਸ ਨੂੰ ਗੁਰੂ ਦੀ ਸਰਨ ਪਾ ਕੇ ਉਸ ਦੇ ਹਿਰਦੇ ਵਿਚ ਆਪਣਾ ਨਾਮ ਪੱਕਾ ਕਰਦਾ ਹੈ।
50644	1175	ਜਿਨ ਇਕੁ ਜਾਤਾ ਸੇ ਜਨ ਪਰਵਾਣੁ॥		Jin Eik Jaathaa Sae Jan Paravaan ||	Those humble beings who know the One Lord are approved and accepted.	ਜਿਨ੍ਹਾਂ ਨੇ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ, ਉਹ ਪਰਮਾਤਮਾ ਦੇ ਦਰ ਤੇ ਕਬੂਲ ਹੋ ਗਏ,
50645	1175	ਨਾਨਕ ਨਾਮਿ ਰਤੇ ਦਰਿ ਨੀਸਾਣੁ॥੪॥੧੦॥		Naanak Naam Rathae Dhar Neesaan ||4||10||	O Nanak, imbued with the Naam, they go to the Lord's Court with His banner and insignia. ||4||10||	ਹੇ ਨਾਨਕ! ਉਹ ਮਨੁੱਖ ਪਰਮਾਤਮਾ ਦੇ ਨਾਮ ਵਿਚ ਰੰਗੇ ਗਏ, ਪਰਮਾਤਮਾ ਦੇ ਦਰ ਤੇ ਉਹਨਾਂ ਨੂੰ ਆਦਰ ਮਿਲਿਆ ॥੪॥੧੦॥
50646	1175	ਬਸੰਤੁ ਮਹਲਾ ੩॥		Basanth Mehalaa 3 ||	Basant, Third Mehl:	
50647	1175	ਕ੍ਰਿਪਾ ਕਰੇ ਸਤਿਗੁਰੂ ਮਿਲਾਏ॥		Kirapaa Karae Sathiguroo Milaaeae ||	Granting His Grace, the Lord leads the mortal to meet the True Guru.	ਜਿਸ ਮਨੁੱਖ ਉੱਤੇ ਪਰਮਾਤਮਾ ਮਿਹਰ ਕਰਦਾ ਹੈ ਉਸ ਨੂੰ ਗੁਰੂ ਮਿਲਾਂਦਾ ਹੈ,
50648	1175	ਆਪੇ ਆਪਿ ਵਸੈ ਮਨਿ ਆਏ॥		Aapae Aap Vasai Man Aaeae ||	The Lord Himself comes to abide in his mind.	(ਅਤੇ ਗੁਰੂ ਦੀ ਰਾਹੀਂ) ਆਪ ਹੀ ਉਸ ਦੇ ਮਨ ਵਿਚ ਆ ਵੱਸਦਾ ਹੈ।

50649	1175	ਨਿਹਚਲ ਮਤਿ ਸਦਾ ਮਨ ਧੀਰ॥		Nihachal Math Sadhaa Man Dhheer ||	His intellect becomes steady and stable, and his mind is strengthened forever.	(ਨਾਮ ਦੀ ਬਰਕਤਿ ਨਾਲ ਉਸ ਦੀ) ਮੱਤ (ਵਿਕਾਰਾਂ ਦੇ ਹੱਲਿਆਂ ਵਲੋਂ) ਅਡੋਲ ਰਹਿੰਦੀ ਹੈ, ਉਸ ਦੇ ਮਨ ਦੀ ਸਦਾ ਧੀਰਜ ਬਣੀ ਰਹਿੰਦੀ ਹੈ।
50650	1175	ਹਰਿ ਗੁਣ ਗਾਵੈ ਗੁਣੀ ਗਹੀਰ॥੧॥		Har Gun Gaavai Gunee Geheer ||1||	He sings the Glorious Praises of the Lord, the Ocean of Virtue. ||1||	ਉਹ ਮਨੁੱਖ ਗੁਣਾਂ ਦੇ ਖ਼ਜ਼ਾਨੇ ਵੱਡੇ ਜਿਗਰੇ ਵਾਲੇ ਹਰੀ ਦੇ ਗੁਣ ਗਾਂਦਾ ਰਹਿੰਦਾ ਹੈ ॥੧॥
50651	1175	ਨਾਮਹੁ ਭੂਲੇ ਮਰਹਿ ਬਿਖੁ ਖਾਇ॥		Naamahu Bhoolae Marehi Bikh Khaae ||	Those who forget the Naam, the Name of the Lord - those mortals die eating poison.	ਪਰਮਾਤਮਾ ਦੇ ਨਾਮ ਤੋਂ ਖੁੰਝੇ ਹੋਏ ਮਨੁੱਖ (ਆਤਮਕ ਮੌਤ ਲਿਆਉਣ ਵਾਲਾ ਮਾਇਆ ਦੇ ਮੋਹ ਦਾ) ਜ਼ਹਰ ਖਾ ਕੇ ਆਤਮਕ ਮੌਤ ਸਹੇੜ ਲੈਂਦੇ ਹਨ,
50652	1175	ਬ੍ਰਿਥਾ ਜਨਮੁ ਫਿਰਿ ਆਵਹਿ ਜਾਇ॥੧॥ਰਹਾਉ॥	ਆਵ-ਹਿ	Brithhaa Janam Fir Aavehi Jaae ||1|| Rehaao ||	Their lives are wasted uselessly, and they continue coming and going in reincarnation. ||1||Pause||	ਉਹਨਾਂ ਦੀ ਜ਼ਿੰਦਗੀ ਵਿਅਰਥ ਚਲੀ ਜਾਂਦੀ ਹੈ, ਮੁੜ ਮੁੜ ਜੂਨਾਂ ਵਿਚ ਪਏ ਰਹਿੰਦੇ ਹਨ ॥੧॥ ਰਹਾਉ ॥
50653	1175	ਬਹੁ ਭੇਖ ਕਰਹਿ ਮਨਿ ਸਾਂਤਿ ਨ ਹੋਇ॥		Bahu Bhaekh Karehi Man Saanth N Hoe ||	They wear all sorts of religious robes, but their minds are not at peace.	(ਨਾਮ ਤੋਂ ਖੁੰਝ ਕੇ ਜਿਹੜੇ ਮਨੁੱਖ ਨਿਰੇ) ਕਈ ਧਾਰਮਿਕ ਭੇਖ ਕਰਦੇ ਹਨ ਉਹਨਾਂ ਦੇ ਮਨ ਵਿਚ ਸ਼ਾਂਤੀ ਨਹੀਂ ਆ ਸਕਦੀ।

50654	1175	ਬਹੁ ਅਭਿਮਾਨਿ ਅਪਣੀ ਪਤਿ ਖੋਇ॥		Bahu Abhimaan Apanee Path Khoe ||	In great egotism, they lose their honor.	(ਸਗੋਂ ਭੇਖ ਦੇ) ਬਹੁਤੇ ਅਹੰਕਾਰ ਦੇ ਕਾਰਨ (ਭੇਖ-ਧਾਰੀ ਮਨੁੱਖ ਲੋਕ ਪਰਲੋਕ ਵਿਚ) ਆਪਣੀ ਇੱਜ਼ਤ ਗਵਾ ਲੈਂਦਾ ਹੈ।
50655	1175	ਸੇ ਵਡਭਾਗੀ ਜਿਨ ਸਬਦੁ ਪਛਾਣਿਆ॥		Sae Vaddabhaagee Jin Sabadh Pashhaaniaa ||	But those who realize the Word of the Shabad, are blessed by great good fortune.	ਉਹ ਮਨੁੱਖ ਵੱਡੇ ਭਾਗਾਂ ਵਾਲੇ ਹਨ ਜਿਨ੍ਹਾਂ ਨੇ ਗੁਰੂ ਦੇ ਸ਼ਬਦ ਨਾਲ ਡੂੰਘੀ ਸਾਂਝ ਪਾ ਲਈ ਹੈ,
50656	1175	ਬਾਹਰਿ ਜਾਦਾ ਘਰ ਮਹਿ ਆਣਿਆ॥੨॥		Baahar Jaadhaa Ghar Mehi Aaniaa ||2||	They bring their distractible minds back home. ||2||	(ਤੇ, ਸ਼ਬਦ ਦੀ ਬਰਕਤਿ ਨਾਲ ਆਪਣੇ) ਬਾਹਰ ਭਟਕਦੇ ਮਨ ਨੂੰ ਅੰਦਰ ਵਲ ਮੋੜ ਲਿਆਂਦਾ ਹੈ ॥੨॥
50657	1175	ਘਰ ਮਹਿ ਵਸਤੁ ਅਗਮ ਅਪਾਰਾ॥		Ghar Mehi Vasath Agam Apaaraa ||	Within the home of the inner self is the inaccessible and infinite substance.	ਅਪਹੁੰਚ ਅਤੇ ਬੇਅੰਤ ਪਰਮਾਤਮਾ ਦਾ ਨਾਮ ਪਦਾਰਥ (ਮਨੁੱਖ ਦੇ) ਹਿਰਦੇ ਵਿਚ ਹੀ ਵੱਸਦਾ ਹੈ।
50658	1175	ਗੁਰਮਤਿ ਖੋਜਹਿ ਸਬਦਿ ਬੀਚਾਰਾ॥		Guramath Khojehi Sabadh Beechaaraa ||	Those who find it, by following the Guru's Teachings, contemplate the Shabad.	ਗੁਰੂ ਦੀ ਮੱਤ ਉਤੇ ਤੁਰ ਕੇ ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਦੇ ਗੁਣਾਂ ਦੀ) ਵਿਚਾਰ ਕਰ ਕੇ (ਜਿਹੜੇ ਮਨੁੱਖ ਨਾਮ-ਪਦਾਰਥ ਦੀ) ਭਾਲ ਕਰਦੇ ਹਨ,
50659	1175	ਨਾਮੁ ਨਵ ਨਿਧਿ ਪਾਈ ਘਰ ਹੀ ਮਾਹਿ॥		Naam Nav Nidhh Paaee Ghar Hee Maahi ||	Those who obtain the nine treasures of the Naam within the home of their own inner being,	ਉਹਨਾਂ ਨੇ (ਧਰਤੀ ਦੇ) ਨੌ ਖ਼ਜ਼ਾਨਿਆਂ ਦੇ ਤੁੱਲ ਹਰਿ-ਨਾਮ ਨੂੰ ਆਪਣੇ ਹਿਰਦੇ ਵਿਚ ਹੀ ਲੱਭ ਲਿਆ।

50660	1175	ਸਦਾ ਰੰਗਿ ਰਾਤੇ ਸਚਿ ਸਮਾਹਿ॥੩॥		Sadhaa Rang Raathae Sach Samaahi ||3||	Are forever dyed in the color of the Lord's Love; they are absorbed in the Truth. ||3||	ਉਹ ਮਨੁੱਖ ਸਦਾ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਸਦਾ-ਥਿਰ ਹਰਿ-ਨਾਮ ਵਿਚ ਲੀਨ ਰਹਿੰਦੇ ਹਨ ॥੩॥
50661	1175	ਆਪਿ ਕਰੇ ਕਿਛੁ ਕਰਣੁ ਨ ਜਾਇ॥		Aap Karae Kishh Karan N Jaae ||	God Himself does everything; no one can do anything at all by himself.	ਪਰ, (ਨਾਮ ਤੋਂ ਖੁੰਝੇ ਰਹਿਣਾ ਜਾਂ ਨਾਮ ਵਿਚ ਲੀਨ ਰਹਿਣਾ-ਇਹ ਸਭ ਕੁਝ) ਪਰਮਾਤਮਾ ਆਪ ਹੀ ਕਰਦਾ ਹੈ (ਜੀਵ ਪਾਸੋਂ ਆਪਣੇ ਆਪ) ਕੁਝ ਕੀਤਾ ਨਹੀਂ ਜਾ ਸਕਦਾ।
50662	1175	ਆਪੇ ਭਾਵੈ ਲਏ ਮਿਲਾਇ॥		Aapae Bhaavai Leae Milaae ||	When God so wills, He merges the mortal into Himself.	ਜਿਸ ਉਤੇ ਪ੍ਰਭੂ ਆਪ ਹੀ ਮਿਹਰ ਕਰਦਾ ਹੈ ਉਸ ਨੂੰ ਆਪਣੇ ਨਾਲ ਜੋੜ ਲੈਂਦਾ ਹੈ।
50663	1175	ਤਿਸ ਤੇ ਨੇੜੈ ਨਾਹੀ ਕੋ ਦੂਰਿ॥		This Thae Naerrai Naahee Ko Dhoor ||	All are near Him; no one is far away from Him.	(ਆਪਣੇ ਉੱਦਮ ਦੇ ਆਸਰੇ) ਨਾਹ ਕੋਈ ਮਨੁੱਖ ਉਸ ਤੋਂ ਨੇੜੇ ਹੈ, ਨਾਹ ਕੋਈ ਮਨੁੱਖ ਉਸ ਤੋਂ ਦੂਰ ਹੈ।
50664	1175	ਨਾਨਕ ਨਾਮਿ ਰਹਿਆ ਭਰਪੂਰਿ॥੪॥੧੧॥		Naanak Naam Rehiaa Bharapoor ||4||11||	O Nanak, the Naam is permeating and pervading everywhere. ||4||11||	ਹੇ ਨਾਨਕ! (ਜਿਹੜਾ ਮਨੁੱਖ ਉਸ ਦੀ ਮਿਹਰ ਨਾਲ ਉਸ ਦੇ) ਨਾਮ ਵਿਚ ਟਿਕ ਜਾਂਦਾ ਹੈ, ਉਸ ਨੂੰ ਹਰ ਥਾਂ ਵਿਆਪਕ ਦਿੱਸਦਾ ਹੈ ॥੪॥੧੧॥
50665	1175	ਬਸੰਤੁ ਮਹਲਾ ੩॥		Basanth Mehalaa 3 ||	Basant, Third Mehl:	
50666	1175	ਗੁਰ ਸਬਦੀ ਹਰਿ ਚੇਤਿ ਸੁਭਾਇ॥		Gur Sabadhee Har Chaeth Subhaae ||	Through the Word of the Guru's Shabad, remember the Lord with love	ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰੇਮ ਨਾਲ ਪਰਮਾਤਮਾ ਨੂੰ ਯਾਦ ਕਰ ਕਰ ਕੇ,

50667	1175	ਰਾਮ ਨਾਮ ਰਸਿ ਰਹੈ ਅਘਾਇ॥		Raam Naam Ras Rehai Aghaae ||	And you shall remain satisfied by the sublime essence of the Lord's Name.	ਮਨੁੱਖ ਹਰਿ-ਨਾਮ ਦੇ ਸੁਆਦ ਦੀ ਬਰਕਤਿ ਨਾਲ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜਿਆ ਰਹਿੰਦਾ ਹੈ।
50668	1175	ਕੋਟ ਕੋਟੰਤਰ ਕੇ ਪਾਪ ਜਲਿ ਜਾਹਿ॥		Kott Kottanthar Kae Paap Jal Jaahi ||	The sins of millions upon millions of lifetimes shall be burnt away.	ਉਹਨਾਂ ਮਨੁੱਖਾਂ ਦੇ ਅਨੇਕਾਂ ਜਨਮਾਂ ਦੇ ਪਾਪ ਸੜ ਜਾਂਦੇ ਹਨ,
50669	1175	ਜੀਵਤ ਮਰਹਿ ਹਰਿ ਨਾਮਿ ਸਮਾਹਿ॥੧॥		Jeevath Marehi Har Naam Samaahi ||1||	Remaining dead while yet alive, you shall be absorbed in the Lord's Name. ||1||	ਜਿਹੜੇ ਹਰਿ-ਨਾਮ ਵਿਚ ਲੀਨ ਰਹਿੰਦੇ ਹਨ, ਉਹ ਦੁਨੀਆ ਦੀ ਕਿਰਤ-ਕਾਰ ਕਰਦੇ ਹੋਏ ਹੀ ਮਾਇਆ ਦੇ ਮੋਹ ਵਲੋਂ ਬਚੇ ਰਹਿੰਦੇ ਹਨ ॥੧॥
50670	1175	ਹਰਿ ਕੀ ਦਾਤਿ ਹਰਿ ਜੀਉ ਜਾਣੈ॥		Har Kee Dhaath Har Jeeo Jaanai ||	The Dear Lord Himself knows His own bountiful blessings.	ਪਰਮਾਤਮਾ ਆਪ ਹੀ ਜਾਣਦਾ ਹੈ ਕਿ ਆਪਣੇ ਨਾਮ ਦੀ ਦਾਤ ਕਿਸ ਨੂੰ ਦੇਣੀ ਹੈ।
50671	1175	ਗੁਰ ਕੈ ਸਬਦਿ ਇਹੁ ਮਨੁ ਮਉਲਿਆ ਹਰਿ ਗੁਣਦਾਤਾ ਨਾਮੁ ਵਖਾਣੈ॥੧॥ਰਹਾਉ॥	ਮਉੱਲਿਆ: ਕਸਕੇ	Gur Kai Sabadh Eihu Man Mouliaa Har Gunadhaathaa Naam Vakhaanai ||1|| Rehaao ||	This mind blossoms forth in the Guru's Shabad, chanting the Name of the Lord, the Giver of virtue. ||1||Pause||	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੇ ਗੁਣਾਂ ਦੀ ਬਖ਼ਸ਼ਸ਼ ਕਰਨ ਵਾਲਾ ਹਰਿ-ਨਾਮ ਉਚਾਰਦਾ ਹੈ, ਉਸ ਦਾ ਇਹ ਮਨ ਆਤਮਕ ਜੀਵਨ ਪ੍ਰਾਪਤ ਕਰ ਲੈਂਦਾ ਹੈ ॥੧॥ ਰਹਾਉ ॥

50672	1175	ਭਗਵੈ ਵੇਸਿ ਭ੍ਰਮਿ ਮੁਕਤਿ ਨ ਹੋਇ॥		Bhagavai Vaes Bhram Mukath N Hoe ||	No one is liberated by wandering around in saffron-colored robes.	ਭਗਵੇ ਰੰਗ ਦੇ ਭੇਖ ਨਾਲ (ਧਰਤੀ ਉਤੇ) ਭੌਂ ਕੇ ਵਿਕਾਰਾਂ ਤੋਂ ਖ਼ਲਾਸੀ ਨਹੀਂ ਹੁੰਦੀ।
50673	1175	ਬਹੁ ਸੰਜਮਿ ਸਾਂਤਿ ਨ ਪਾਵੈ ਕੋਇ॥		Bahu Sanjam Saanth N Paavai Koe ||	Tranquility is not found by strict self-discipline.	ਕਠਨ ਤਪਾਂ ਨਾਲ ਨਿਰੇ ਵਿਕਾਰਾਂ ਤੋਂ ਬਚਣ ਦੇ ਜਤਨ ਨਾਲ ਭੀ ਕੋਈ ਮਨੁੱਖ ਆਤਮਕ ਸ਼ਾਂਤੀ ਪ੍ਰਾਪਤ ਨਹੀਂ ਕਰ ਸਕਦਾ।
50674	1175	ਗੁਰਮਤਿ ਨਾਮੁ ਪਰਾਪਤਿ ਹੋਇ॥		Guramath Naam Paraapath Hoe ||	But by following the Guru's Teachings, one is blessed to receive the Naam, the Name of the Lord.	ਜਿਹੜਾ ਮਨੁੱਖ ਗੁਰੂ ਦੀ ਮੱਤ ਲੈਂਦਾ ਹੈ, ਉਸ ਨੂੰ ਪ੍ਰਭੂ ਦਾ ਨਾਮ ਪ੍ਰਾਪਤ ਹੁੰਦਾ ਹੈ,
50675	1175	ਵਡਭਾਗੀ ਹਰਿ ਪਾਵੈ ਸੋਇ॥੨॥		Vaddabhaagee Har Paavai Soe ||2||	By great good fortune, one finds the Lord. ||2||	ਉਹ ਵਡ-ਭਾਗੀ ਮਨੁੱਖ ਪਰਮਾਤਮਾ ਨੂੰ ਮਿਲ ਪੈਂਦਾ ਹੈ ॥੨॥
50676	1175	ਕਲਿ ਮਹਿ ਰਾਮ ਨਾਮਿ ਵਡਿਆਈ॥		Kal Mehi Raam Naam Vaddiaaee ||	In this Dark Age of Kali Yuga, glorious greatness comes through the Lord's Name.	ਇਸ ਬਖੇੜਿਆਂ-ਭਰੇ ਜਗਤ ਵਿਚ ਪਰਮਾਤਮਾ ਦੇ ਨਾਮ ਦੀ ਰਾਹੀਂ ਹੀ (ਲੋਕ ਪਰਲੋਕ ਦੀ) ਇੱਜ਼ਤ ਮਿਲਦੀ ਹੈ।
50677	1176	ਗੁਰ ਪੂਰੇ ਤੇ ਪਾਇਆ ਜਾਈ॥		Gur Poorae Thae Paaeiaa Jaaee ||	Through the Perfect Guru, it is obtained.	ਇਹ ਨਾਮ ਪੂਰੇ ਗੁਰੂ ਪਾਸੋਂ ਹੀ ਮਿਲਦਾ ਹੈ।
50678	1176	ਨਾਮਿ ਰਤੇ ਸਦਾ ਸੁਖੁ ਪਾਈ॥		Naam Rathae Sadhaa Sukh Paaee ||	Those who are imbued with the Naam find everlasting peace.	ਹਰਿ-ਨਾਮ (ਦੇ ਪਿਆਰ-ਰੰਗ) ਵਿਚ ਰੰਗੀਜ ਕੇ ਮਨੁੱਖ ਸਦਾ (ਹਰੇਕ ਜੁਗ ਵਿਚ) ਸੁਖ ਮਾਣਦਾ ਹੈ।

50679	1176	ਬਿਨੁ ਨਾਮੈ ਹਉਮੈ ਜਲਿ ਜਾਈ॥੩॥		Bin Naamai Houmai Jal Jaaee ||3||	But without the Naam, mortals burn in egotism. ||3||	ਨਾਮ ਤੋਂ ਬਿਨਾ ਮਨੁੱਖ ਹਉਮੈ ਦੀ ਅੱਗ ਵਿਚ ਆਪਣਾ ਆਤਮਕ ਜੀਵਨ ਸੁਆਹ ਕਰ ਲੈਂਦਾ ਹੈ ॥੩॥
50680	1176	ਵਡਭਾਗੀ ਹਰਿ ਨਾਮੁ ਬੀਚਾਰਾ॥		Vaddabhaagee Har Naam Beechaaraa ||	By great good furtune, some contemplate the Lord's Name.	ਜਿਹੜਾ ਭਾਗਾਂ ਵਾਲਾ ਮਨੁੱਖ ਪਰਮਾਤਮਾ ਦੇ ਨਾਮ ਨੂੰ ਆਪਣੇ ਸੋਚ-ਮੰਡਲ ਵਿਚ ਵਸਾਂਦਾ ਹੈ,
50681	1176	ਛੂਟੈ ਰਾਮ ਨਾਮਿ ਦੁਖੁ ਸਾਰਾ॥		Shhoottai Raam Naam Dhukh Saaraa ||	Through the Lord's Name, all sorrows are eradicated.	ਨਾਮ ਦੀ ਬਰਕਤਿ ਨਾਲ ਉਸ ਦਾ ਸਾਰਾ ਦੁੱਖ ਮੁੱਕ ਜਾਂਦਾ ਹੈ।
50682	1176	ਹਿਰਦੈ ਵਸਿਆ ਸੁ ਬਾਹਰਿ ਪਾਸਾਰਾ॥		Hiradhai Vasiaa S Baahar Paasaaraa ||	He dwells within the heart, and pervades the external universe as well.	(ਉਹ ਜਾਣਦਾ ਹੈ ਕਿ ਜਿਹੜਾ ਪ੍ਰਭੂ) ਹਿਰਦੇ ਵਿਚ ਵੱਸ ਰਿਹਾ ਹੈ, ਬਾਹਰ ਜਗਤ ਵਿਚ ਭੀ ਉਹੀ ਪਸਰਿਆ ਹੋਇਆ ਹੈ।
50683	1176	ਨਾਨਕ ਜਾਣੈ ਸਭੁ ਉਪਾਵਣਹਾਰਾ॥੪॥੧੨॥		Naanak Jaanai Sabh Oupaavanehaaraa ||4||12||	O Nanak, the Creator Lord knows all. ||4||12||	ਹੇ ਨਾਨਕ! ਉਹ ਮਨੁੱਖ ਹਰ ਥਾਂ ਸਿਰਜਣਹਾਰ ਨੂੰ ਵੱਸਦਾ ਸਮਝਦਾ ਹੈ ॥੪॥੧੨॥
50684	1176	ਬਸੰਤੁ ਮਹਲਾ ੩ ਇਕ ਤੁਕੇ॥		Basanth Mehalaa 3 Eik Thukae ||	Basant, Third Mehl, Ik-Tukas:	
50685	1176	ਤੇਰਾ ਕੀਆ ਕਿਰਮ ਜੰਤੁ॥		Thaeraa Keeaa Kiram Janth ||	I am just a worm, created by You, O Lord.	ਹੇ ਪ੍ਰਭੂ! ਮੈਂ ਤੇਰਾ ਹੀ ਪੈਦਾ ਕੀਤਾ ਹੋਇਆ ਤੁੱਛ ਜੀਵ ਹਾਂ,
50686	1176	ਦੇਹਿ ਤ ਜਾਪੀ ਆਦਿ ਮੰਤੁ॥੧॥	(ਆਦਿ) ਆਦੀ ਵਾਹਿਗੁਰੂ ਮੰਤੁਮੰਤ੍ਰ	Dhaehi Th Jaapee Aadh Manth ||1||	If you bless me, then I chant Your Primal Mantra. ||1||	ਜੇ ਤੂੰ ਆਪ ਹੀ ਦੇਵੇਂ, ਤਾਂ ਹੀ ਮੈਂ ਤੇਰਾ ਸਤਿਨਾਮ-ਮੰਤ੍ਰ ਜਪ ਸਕਦਾ ਹਾਂ ॥੧॥

50687	1176	ਗੁਣ ਆਖਿ ਵੀਚਾਰੀ ਮੇਰੀ ਮਾਇ॥		Gun Aakh Veechaaree Maeree Maae ||	I chant and reflect on His Glorious Virtues, O my mother.	ਹੇ ਮਾਂ! (ਮੇਰੀ ਤਾਂਘ ਇਹ ਹੈ ਕਿ) ਮੈਂ ਪਰਮਾਤਮਾ ਦੇ ਗੁਣ ਉਚਾਰ ਕੇ ਉਹਨਾਂ ਨੂੰ ਆਪਣੇ ਮਨ ਵਿਚ ਵਸਾਈ ਰੱਖਾਂ,
50688	1176	ਹਰਿ ਜਪਿ ਹਰਿ ਕੈ ਲਗਉ ਪਾਇ॥੧॥ਰਹਾਉ॥		Har Jap Har Kai Lago Paae ||1|| Rehaao ||	Meditating on the Lord, I fall at the Lord's Feet. ||1||Pause||	ਹਰਿ-ਨਾਮ ਜਪ ਜਪ ਕੇ ਹਰੀ ਦੇ ਚਰਨਾਂ ਵਿਚ ਜੁੜਿਆ ਰਹਾਂ ॥੧॥ ਰਹਾਉ ॥
50689	1176	ਗੁਰ ਪ੍ਰਸਾਦਿ ਲਾਗੇ ਨਾਮ ਸੁਆਦਿ॥		Gur Prasaadh Laagae Naam Suaadh ||	By Guru's Grace, I am addicted to the favor of the Naam, the Name of the Lord.	ਮਨੁੱਖ ਗੁਰੂ ਦੀ ਕਿਰਪਾ ਨਾਲ (ਹੀ) ਨਾਮ ਦੇ ਰਸ ਵਿਚ ਲੱਗ ਸਕਦਾ ਹੈ।
50690	1176	ਕਾਹੇ ਜਨਮੁ ਗਵਾਵਹੁ ਵੈਰਿ ਵਾਦਿ॥੨॥		Kaahae Janam Gavaavahu Vair Vaadh ||2||	Why waste your life in hatred, vengeance and conflict? ||2||	ਵੈਰ ਵਿਚ ਵਿਰੋਧ ਵਿਚ ਕਿਉਂ ਆਪਣੀ ਜ਼ਿੰਦਗੀ ਗਵਾ ਰਹੇ ਹੋ? (ਗੁਰੂ ਦੀ ਸਰਨ ਪਵੋ) ॥੨॥
50691	1176	ਗੁਰਿ ਕਿਰਪਾ ਕੀਨ੍ਹੀ ਚੂਕਾ ਅਭਿਮਾਨੁ॥		Gur Kirapaa Keenhee Chookaa Abhimaan ||	When the Guru granted His Grace, my egotism was eradicated,	ਜਿਸ ਮਨੁੱਖ ਉਤੇ ਗੁਰੂ ਨੇ ਮਿਹਰ ਕੀਤੀ, ਉਸ ਦੇ ਅੰਦਰੋਂ ਅਹੰਕਾਰ ਮੁੱਕ ਗਿਆ।
50692	1176	ਸਹਜ ਭਾਇ ਪਾਇਆ ਹਰਿ ਨਾਮੁ॥੩॥		Sehaj Bhaae Paaeiaa Har Naam ||3||	And then, I obtained the Lord's Name with intuitive ease. ||3||	ਉਸ ਨੇ ਆਤਮਕ ਅਡੋਲਤਾ ਦੇਣ ਵਾਲੇ ਪ੍ਰੇਮ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲਿਆ ॥੩॥

50693	1176	ਊਤਮੁ ਊਚਾ ਸਬਦ ਕਾਮੁ॥		Ootham Oochaa Sabadh Kaam ||	The most lofty and exalted occupation is to contemplate the Word of the Shabad.	ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਪੜ੍ਹਨ ਵਾਲਾ ਕੰਮ (ਹੋਰ ਸਾਰੇ ਕੰਮਾਂ ਨਾਲੋਂ) ਸ੍ਰੇਸ਼ਟ ਹੈ ਉੱਚਾ ਹੈ,
50694	1176	ਨਾਨਕੁ ਵਖਾਣੈ ਸਾਚੁ ਨਾਮੁ॥੪॥੧॥੧੩॥		Naanak Vakhaanai Saach Naam ||4||1||13||	Nanak chants the True Name. ||4||1||13||	(ਤਾਹੀਏਂ) ਨਾਨਕ ਸਦਾ-ਥਿਰ ਪ੍ਰਭੂ ਦਾ ਨਾਮ ਉਚਾਰਦਾ ਰਹਿੰਦਾ ਹੈ ॥੪॥੧॥੧੩॥
50695	1176	ਬਸੰਤੁ ਮਹਲਾ ੩॥		Basanth Mehalaa 3 ||	Basant, Third Mehl:	
50696	1176	ਬਨਸਪਤਿ ਮਉਲੀ ਚੜਿਆ ਬਸੰਤੁ॥	ਬ-ਨਸਪਤਿ। ਮਉੱਲੀ: ਕਸਕੇ। ਚੜ੍ਹਿਆ	Banasapath Moulee Charriaa Basanth ||	The season of spring has come, and all the plants have blossomed forth.	(ਜਿਵੇਂ ਜਦੋਂ) ਬਸੰਤ ਚੜ੍ਹਦਾ ਹੈ ਤਾਂ ਸਾਰੀ ਬਨਸਪਤੀ ਹਰੀ-ਭਰੀ ਹੋ ਜਾਂਦੀ ਹੈ,
50697	1176	ਇਹੁ ਮਨੁ ਮਉਲਿਆ ਸਤਿਗੁਰੂ ਸੰਗਿ॥੧॥	ਮਉੱਲਿਆ: ਕਸਕੇ	Eihu Man Mouliaa Sathiguroo Sang ||1||	This mind blossoms forth, in association with the True Guru. ||1||	(ਤਿਵੇਂ) ਗੁਰੂ ਦੀ ਸੰਗਤ ਵਿਚ ਰਹਿ ਕੇ ਇਹ ਮਨ (ਆਤਮਕ ਜੀਵਨ ਨਾਲ) ਹਰਾ-ਭਰਾ ਹੋ ਜਾਂਦਾ ਹੈ ॥੧॥
50698	1176	ਤੁਮ੍ਹ ਸਾਚੁ ਧਿਆਵਹੁ ਮੁਗਧ ਮਨਾ॥		Thumh Saach Dhhiaavahu Mugadhh Manaa ||	So meditate on the True Lord, O my foolish mind.	ਹੇ (ਮੇਰੇ) ਮੂਰਖ ਮਨ! ਤੂੰ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਸਿਮਰਿਆ ਕਰ।

50699	1176	ਤਾਂ ਸੁਖੁ ਪਾਵਹੁ ਮੇਰੇ ਮਨਾ॥੧॥ਰਹਾਉ॥		Thaan Sukh Paavahu Maerae Manaa ||1|| Rehaao ||	Only then shall you find peace, O my mind. ||1||Pause||	ਤਦੋਂ ਹੀ, ਹੇ ਮੇਰੇ ਮਨ! ਤੂੰ ਆਨੰਦ ਮਾਣ ਸਕੇਂਗਾ ॥੧॥ ਰਹਾਉ ॥
50700	1176	ਇਤੁ ਮਨਿ ਮਉਲਿਐ ਭਇਆ ਅਨੰਦੁ॥	ਮਉੱਲਿਐ: ਕਸਕੇ	Eith Man Mouliai Bhaeiaa Anandh ||	This mind blossoms forth, and I am in ecstasy.	ਉਸ ਮਨੁੱਖ ਦਾ ਇਹ ਮਨ ਖਿੜ ਪੈਣ ਨਾਲ ਉਸ ਦੇ ਅੰਦਰ ਆਤਮਕ ਆਨੰਦ ਪੈਦਾ ਹੋ ਗਿਆ ਹੈ,
50701	1176	ਅੰਮ੍ਰਿਤ ਫਲੁ ਪਾਇਆ ਨਾਮੁ ਗੋਬਿੰਦ॥੨॥		Anmrith Fal Paaeiaa Naam Gobindh ||2||	I am blessed with the Ambrosial Fruit of the Naam, the Name of the Lord of the Universe. ||2||	(ਜਿਸ ਮਨੁੱਖ ਨੇ ਗੁਰੂ ਦੀ ਸੰਗਤ ਵਿਚ) ਗੋਬਿੰਦ ਦਾ ਨਾਮ ਹਾਸਲ ਕਰ ਲਿਆ, ਆਤਮਕ ਜੀਵਨ ਦੇਣ ਵਾਲਾ ਨਾਮ-ਫਲ ਪ੍ਰਾਪਤ ਕਰ ਲਿਆ ॥੨॥
50702	1176	ਏਕੋ ਏਕੁ ਸਭੁ ਆਖਿ ਵਖਾਣੈ॥		Eaeko Eaek Sabh Aakh Vakhaanai ||	Everyone speaks and says that the Lord is the One and Only.	ਉਂਞ ਤਾਂ ਹਰੇਕ ਮਨੁੱਖ ਆਖ ਕੇ ਦੱਸਦਾ ਹੈ ਕਿ (ਸਭ ਥਾਈਂ) ਪਰਮਾਤਮਾ ਆਪ ਹੀ ਆਪ ਹੈ,
50703	1176	ਹੁਕਮੁ ਬੂਝੈ ਤਾਂ ਏਕੋ ਜਾਣੈ॥੩॥		Hukam Boojhai Thaan Eaeko Jaanai ||3||	By understanding the Hukam of His Command, we come to know the One Lord. ||3||	ਪਰ ਜਦੋਂ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ ਸਮਝਦਾ ਹੈ, ਤਦੋਂ ਹੀ ਉਸ ਨਾਲ ਡੂੰਘੀ ਸਾਂਝ ਪਾਂਦਾ ਹੈ ॥੩॥
50704	1176	ਕਹਤ ਨਾਨਕੁ ਹਉਮੈ ਕਹੈ ਨ ਕੋਇ॥		Kehath Naanak Houmai Kehai N Koe ||	Says Nanak, no one can describe the Lord by speaking through ego.	ਨਾਨਕ ਆਖਦਾ ਹੈ ਕਿ (ਜਦੋਂ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ ਸਮਝ ਲੈਂਦਾ ਹੈ ਤਦੋਂ) ਮਨੁੱਖ 'ਮੈਂ, ਮੈਂ' ਨਹੀਂ ਕਰਦਾ।

50705	1176	ਆਖਣੁ ਵੇਖਣੁ ਸਭੁ ਸਾਹਿਬ ਤੇ ਹੋਇ॥੪॥੨॥੧੪॥		Aakhan Vaekhan Sabh Saahib Thae Hoe ||4||2||14||	All speech and insight comes from our Lord and Master. ||4||2||14||	(ਤਦੋਂ ਉਸ ਨੂੰ ਇਹ ਸਮਝ ਪੈ ਜਾਂਦੀ ਹੈ ਕਿ) ਜੀਵ ਉਹੀ ਕੁਝ ਆਖਦਾ ਵੇਖਦਾ ਹੈ ਜੋ ਮਾਲਕ ਵਲੋਂ ਪ੍ਰੇਰਨਾ ਹੁੰਦੀ ਹੈ ॥੪॥੨॥੧੪॥
50706	1176	ਬਸੰਤੁ ਮਹਲਾ ੩॥		Basanth Mehalaa 3 ||	Basant, Third Mehl:	
50707	1176	ਸਭਿ ਜੁਗ ਤੇਰੇ ਕੀਤੇ ਹੋਏ॥		Sabh Jug Thaerae Keethae Hoeae ||	All the ages were created by You, O Lord.	ਹੇ ਪ੍ਰਭੂ! ਸਾਰੇ ਜੁਗ (ਸਾਰੇ ਸਮੇ) ਤੇਰੇ ਹੀ ਬਣਾਏ ਹੋਏ ਹਨ।
50708	1176	ਸਤਿਗੁਰੁ ਭੇਟੈ ਮਤਿ ਬੁਧਿ ਹੋਏ॥੧॥		Sathigur Bhaettai Math Budhh Hoeae ||1||	Meeting with the True Guru, one's intellect is awakened. ||1||	(ਤੇਰੇ ਨਾਮ ਦੀ ਪ੍ਰਾਪਤੀ ਜੁਗਾਂ ਦੇ ਵਿਤਕਰੇ ਨਾਲ ਨਹੀਂ ਹੁੰਦੀ। ਜਿਸ ਮਨੁੱਖ ਨੂੰ ਤੇਰੀ ਮਿਹਰ ਨਾਲ) ਗੁਰੂ ਮਿਲ ਪੈਂਦਾ ਹੈ (ਉਸ ਦੇ ਅੰਦਰ ਨਾਮ ਜਪਣ ਵਾਲੀ) ਮੱਤ ਅਕਲ ਪੈਦਾ ਹੋ ਜਾਂਦੀ ਹੈ ॥੧॥
50709	1176	ਹਰਿ ਜੀਉ ਆਪੇ ਲੈਹੁ ਮਿਲਾਇ॥		Har Jeeo Aapae Laihu Milaae ||	O Dear Lord, please blend me with Yourself;	ਹੇ ਪ੍ਰਭੂ ਜੀ! (ਜਿਸ ਮਨੁੱਖ ਨੂੰ) ਤੂੰ ਆਪ ਹੀ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈਂ,
50710	1176	ਗੁਰ ਕੈ ਸਬਦਿ ਸਚ ਨਾਮਿ ਸਮਾਇ॥੧॥ਰਹਾਉ॥		Gur Kai Sabadh Sach Naam Samaae ||1|| Rehaao ||	Let me merge in the True Name, through the Word of the Guru's Shabad. ||1||Pause||	ਗੁਰੂ ਦੇ ਸ਼ਬਦ ਦੀ ਰਾਹੀਂ (ਉਹ ਮਨੁੱਖ) (ਤੇਰੇ) ਸਦਾ ਕਾਇਮ ਰਹਿਣ ਵਾਲੇ ਨਾਮ ਵਿਚ ਲੀਨ ਰਹਿੰਦਾ ਹੈ ॥੧॥ ਰਹਾਉ ॥

50711	1176	ਮਨਿ ਬਸੰਤੁ ਹਰੇ ਸਭਿ ਲੋਇ॥		Man Basanth Harae Sabh Loe ||	When the mind is in spring, all people are rejuvenated.	(ਜਿਨ੍ਹਾਂ ਮਨੁੱਖਾਂ ਦੇ) ਮਨ ਵਿਚ ਸਦਾ ਖਿੜੇ ਰਹਿਣ ਵਾਲਾ ਪ੍ਰਭੂ ਆ ਵੱਸਦਾ ਹੈ, ਉਹ ਸਾਰੇ ਹੀ ਇਸ ਜਗਤ ਵਿਚ ਆਤਮਕ ਜੀਵਨ ਵਾਲੇ ਹੋ ਜਾਂਦੇ ਹਨ,
50712	1176	ਫਲਹਿ ਫੁਲੀਅਹਿ ਰਾਮ ਨਾਮਿ ਸੁਖੁ ਹੋਇ॥੨॥	ਫਲ-ਹਿ: ਪੋਲਾ ਬੋਲੋ। ਫੁੱਲੀ-ਅਹਿ	Falehi Fuleeahi Raam Naam Sukh Hoe ||2||	Blossoming forth and flowering through the Lord's Name, peace is obtained. ||2||	ਉਹ ਮਨੁੱਖ ਦੁਨੀਆ ਵਿਚ ਭੀ ਕਾਮਯਾਬ ਹੁੰਦੇ ਹਨ, ਪਰਮਾਤਮਾ ਦੇ ਨਾਮ ਦੀ ਬਰਕਤਿ ਨਾਲ ਉਹਨਾਂ ਦੇ ਅੰਦਰ ਆਤਮਕ ਆਨੰਦ (ਭੀ) ਬਣਿਆ ਰਹਿੰਦਾ ਹੈ ॥੨॥
50713	1176	ਸਦਾ ਬਸੰਤੁ ਗੁਰ ਸਬਦੁ ਵੀਚਾਰੇ॥		Sadhaa Basanth Gur Sabadh Veechaarae ||	Contemplating the Word of the Guru's Shabad, one is in spring forever	ਉਸ ਮਨੁੱਖ ਦੇ ਅੰਦਰ ਸਦਾ ਆਤਮਕ ਖਿੜਾਉ ਬਣਿਆ ਰਹਿੰਦਾ ਹੈ,
50714	1176	ਰਾਮ ਨਾਮੁ ਰਾਖੈ ਉਰ ਧਾਰੇ॥੩॥		Raam Naam Raakhai Our Dhhaarae ||3||	With the Lord's Name enshrined in the heart. ||3||	ਜਿਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਮਨ ਵਿਚ ਵਸਾਂਦਾ ਹੈ ਪਰਮਾਤਮਾ ਦੇ ਨਾਮ ਨੂੰ ਹਿਰਦੇ ਵਿਚ ਟਿਕਾਈ ਰੱਖਦਾ ਹੈ ॥੩॥
50715	1176	ਮਨਿ ਬਸੰਤੁ ਤਨੁ ਮਨੁ ਹਰਿਆ ਹੋਇ॥		Man Basanth Than Man Hariaa Hoe ||	When the mind is in spring, the body and mind are rejuvenated.	ਜਿਸ ਮਨੁੱਖ ਦੇ ਮਨ ਵਿਚ ਸਦਾ ਖਿੜੇ ਰਹਿਣ ਵਾਲਾ ਹਰੀ ਆ ਵੱਸਦਾ ਹੈ, ਉਸ ਦਾ ਤਨ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ ਉਸ ਦਾ ਮਨ ਆਤਮਕ ਜੀਵਨ ਵਾਲਾ ਹੋ ਜਾਂਦਾ ਹੈ।

50716	1176	ਨਾਨਕ ਇਹੁ ਤਨੁ ਬਿਰਖੁ ਰਾਮ ਨਾਮੁ ਫਲੁ ਪਾਏ ਸੋਇ॥੪॥੩॥੧੫॥		Naanak Eihu Than Birakh Raam Naam Fal Paaeae Soe ||4||3||15||	O Nanak, this body is the tree which bears the fruit of the Lord's Name. ||4||3||15||	ਹੇ ਨਾਨਕ! ਇਹ ਸਰੀਰ (ਮਾਨੋ) ਰੁੱਖ ਹੈ, (ਜਿਸ ਦੇ ਮਨ ਵਿਚ ਬਸੰਤ ਆ ਜਾਂਦੀ ਹੈ) ਉਸ ਮਨੁੱਖ ਦਾ ਇਹ ਸਰੀਰ-ਰੁੱਖ ਹਰਿ-ਨਾਮ-ਫਲ ਪ੍ਰਾਪਤ ਕਰ ਲੈਂਦਾ ਹੈ ॥੪॥੩॥੧੫॥
50717	1176	ਬਸੰਤੁ ਮਹਲਾ ੩॥		Basanth Mehalaa 3 ||	Basant, Third Mehl:	
50718	1176	ਤਿਨ੍ ਬਸੰਤੁ ਜੋ ਹਰਿ ਗੁਣ ਗਾਇ॥		Thinh Basanth Jo Har Gun Gaae ||	They alone are in the spring season, who sing the Glorious Praises of the Lord.	ਜਿਹੜਾ ਜਿਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਉਹਨਾਂ ਦੇ ਅੰਦਰ ਆਤਮਕ ਖਿੜਾਉ ਬਣਿਆ ਰਹਿੰਦਾ ਹੈ।
50719	1176	ਪੂਰੈ ਭਾਗਿ ਹਰਿ ਭਗਤਿ ਕਰਾਇ॥੧॥		Poorai Bhaag Har Bhagath Karaae ||1||	They come to worship the Lord with devotion, through their perfect destiny. ||1||	(ਪਰ ਜੀਵ ਦੇ ਵੱਸ ਦੀ ਗੱਲ ਨਹੀਂ ਹੈ) ਵੱਡੀ ਕਿਸਮਤ ਨਾਲ ਪਰਮਾਤਮਾ (ਆਪ ਹੀ ਜੀਵ ਪਾਸੋਂ) ਭਗਤੀ ਕਰਾਂਦਾ ਹੈ ॥੧॥
50720	1176	ਇਸੁ ਮਨ ਕਉ ਬਸੰਤ ਕੀ ਲਗੈ ਨ ਸੋਇ॥		Eis Man Ko Basanth Kee Lagai N Soe ||	This mind is not even touched by spring.	(ਉਸ ਮਨੁੱਖ ਦੇ) ਇਸ ਮਨ ਨੂੰ ਆਤਮਕ ਖਿੜਾਉ ਦੀ ਛੁਹ ਹਾਸਲ ਨਹੀਂ ਹੁੰਦੀ,
50721	1176	ਇਹੁ ਮਨੁ ਜਲਿਆ ਦੂਜੈ ਦੋਇ॥੧॥ਰਹਾਉ॥		Eihu Man Jaliaa Dhoojai Dhoe ||1|| Rehaao ||	This mind is burnt by duality and double-mindedness. ||1||Pause||	(ਜਿਸ ਮਨੁੱਖ ਦਾ) ਇਹ ਮਨ ਮਾਇਆ ਦੇ ਮੋਹ ਵਿਚ (ਫਸ ਕੇ) ਮੇਰ-ਤੇਰ ਵਿਚ (ਫਸ ਕੇ) ਆਤਮਕ ਮੌਤ ਸਹੇੜ ਲੈਂਦਾ ਹੈ ॥੧॥ ਰਹਾਉ ॥

50722	1176	ਇਹੁ ਮਨੁ ਧੰਧੈ ਬਾਂਧਾ ਕਰਮ ਕਮਾਇ॥		Eihu Man Dhhandhhai Baandhhaa Karam Kamaae ||	This mind is entangled in worldly affairs, creating more and more karma.	ਜਿਸ ਮਨੁੱਖ ਦਾ ਇਹ ਮਨ ਮਾਇਆ ਦੇ ਧੰਧੇ ਵਿਚ ਬੱਝਾ ਰਹਿੰਦਾ ਹੈ,
50723	1176	ਮਾਇਆ ਮੂਠਾ ਸਦਾ ਬਿਲਲਾਇ॥੨॥		Maaeiaa Moothaa Sadhaa Bilalaae ||2||	Enchanted by Maya, it cries out in suffering forever. ||2||	(ਤੇ ਇਸ ਹਾਲਤ ਵਿਚ ਟਿਕਿਆ ਰਹਿ ਕੇ) ਕਰਮ ਕਮਾਂਦਾ ਹੈ, ਮਾਇਆ (ਦਾ ਮੋਹ) ਉਸ ਦੇ ਆਤਮਕ ਜੀਵਨ ਨੂੰ ਲੁੱਟ ਲੈਂਦਾ ਹੈ, ਉਹ ਸਦਾ ਦੁਖੀ ਰਹਿੰਦਾ ਹੈ ॥੨॥
50724	1176	ਇਹੁ ਮਨੁ ਛੂਟੈ ਜਾਂ ਸਤਿਗੁਰੁ ਭੇਟੈ॥		Eihu Man Shhoottai Jaan Sathigur Bhaettai ||	This mind is released, only when it meets with the True Guru.	ਜਦੋਂ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਤਦੋਂ ਮਨੁੱਖ ਦਾ ਇਹ ਮਨ (ਮਾਇਆ ਦੇ ਮੋਹ ਦੇ ਪੰਜੇ ਵਿਚੋਂ) ਬਚ ਨਿਕਲਦਾ ਹੈ।
50725	1176	ਜਮਕਾਲ ਕੀ ਫਿਰਿ ਆਵੈ ਨ ਫੇਟੈ॥੩॥		Jamakaal Kee Fir Aavai N Faettai ||3||	Then, it does not suffer beatings by the Messenger of Death. ||3||	ਫਿਰ ਉਹ ਆਤਮਕ ਮੌਤ ਦੀ ਮਾਰ ਦੇ ਕਾਬੂ ਨਹੀਂ ਆਉਂਦਾ ॥੩॥
50726	1176	ਇਹੁ ਮਨੁ ਛੂਟਾ ਗੁਰਿ ਲੀਆ ਛਡਾਇ॥		Eihu Man Shhoottaa Gur Leeaa Shhaddaae ||	This mind is released, when the Guru emancipates it.	ਪਰ, (ਮਾਇਆ ਦੇ ਮੋਹ ਵਿਚੋਂ ਨਿਕਲਣਾ ਜੀਵ ਦੇ ਆਪਣੇ ਵੱਸ ਦੀ ਗੱਲ ਨਹੀਂ, ਜਿਸ ਮਨੁੱਖ ਨੂੰ) ਗੁਰੂ ਨੇ (ਮਾਇਆ ਦੇ ਪੰਜੇ ਵਿਚੋਂ) ਛਡਾ ਲਿਆ, ਉਸ ਦਾ ਇਹ ਮਨ (ਮਾਇਆ ਦੇ ਮੋਹ ਤੋਂ) ਬਚ ਗਿਆ।

50727	1176	ਨਾਨਕ ਮਾਇਆ ਮੋਹੁ ਸਬਦਿ ਜਲਾਇ ॥੪॥੪॥੧੬॥		Naanak Maaeiaa Mohu Sabadh Jalaae ||4||4||16||	O Nanak, attachment to Maya is burnt away through the Word of the Shabad. ||4||4||16||	ਹੇ ਨਾਨਕ! ਉਹ ਮਨੁੱਖ ਮਾਇਆ ਦੇ ਮੋਹ ਨੂੰ ਗੁਰੂ ਦੇ ਸ਼ਬਦ ਦੀ ਸਹਾਇਤਾ ਨਾਲ ਸਾੜ ਦੇਂਦਾ ਹੈ ॥੪॥੪॥੧੬॥
50728	1176	ਬਸੰਤੁ ਮਹਲਾ ੩॥		Basanth Mehalaa 3 ||	Basant, Third Mehl:	
50729	1176	ਬਸੰਤੁ ਚੜਿਆ ਫੂਲੀ ਬਨਰਾਇ॥	ਚੜ੍ਹਿਆ	Basanth Charriaa Foolee Banaraae ||	Spring has come, and all the plants are flowering.	(ਜਿਵੇਂ ਜਦੋਂ) ਬਸੰਤ ਦਾ ਮੌਸਮ ਸ਼ੁਰੂ ਹੁੰਦਾ ਹੈ ਤਦੋਂ ਸਾਰੀ ਬਨਸਪਤੀ ਖਿੜ ਪੈਂਦੀ ਹੈ,
50730	1176	ਏਹਿ ਜੀਅ ਜੰਤ ਫੂਲਹਿ ਹਰਿ ਚਿਤੁ ਲਾਇ॥੧॥		Eaehi Jeea Janth Foolehi Har Chith Laae ||1||	These beings and creatures blossom forth when they focus their consciousness on the Lord. ||1||	(ਤਿਵੇਂ) ਇਹ ਸਾਰੇ ਜੀਵ ਪਰਮਾਤਮਾ ਵਿਚ ਚਿੱਤ ਜੋੜ ਕੇ ਆਤਮਕ ਜੀਵਨ ਨਾਲ ਖਿੜ ਪੈਂਦੇ ਹਨ ॥੧॥
50731	1177	ਇਨ ਬਿਧਿ ਇਹੁ ਮਨੁ ਹਰਿਆ ਹੋਇ॥		Ein Bidhh Eihu Man Hariaa Hoe ||	In this way, this mind is rejuvenated.	ਇਸ ਤਰੀਕੇ ਨਾਲ (ਉਸ ਮਨੁੱਖ ਦਾ) ਇਹ ਮਨ ਆਤਮਕ ਜੀਵਨ ਨਾਲ ਭਰਪੂਰ ਹੋ ਜਾਂਦਾ ਹੈ,
50732	1177	ਹਰਿ ਹਰਿ ਨਾਮੁ ਜਪੈ ਦਿਨੁ ਰਾਤੀ ਗੁਰਮੁਖਿ ਹਉਮੈ ਕਢੈ ਧੋਇ॥੧॥ਰਹਾਉ॥		Har Har Naam Japai Dhin Raathee Guramukh Houmai Kadtai Dhhoe ||1|| Rehaao ||	Chanting the Name of the Lord, Har, Har, day and night, egotism is removed and washed away from the Gurmukhs. ||1||Pause||	ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਆਪਣੇ ਅੰਦਰੋਂ) ਹਉਮੈ ਧੋ ਕੇ ਕੱਢ ਦੇਂਦਾ ਹੈ ਅਤੇ ਦਿਨ ਰਾਤ ਹਰ ਵੇਲੇ ਪਰਮਾਤਮਾ ਦਾ ਨਾਮ ਜਪਦਾ ਹੈ ॥੧॥ ਰਹਾਉ ॥

50733	1177	ਸਤਿਗੁਰ ਬਾਣੀ ਸਬਦੁ ਸੁਣਾਏ॥		Sathigur Baanee Sabadh Sunaaeae ||	The True Guru speaks the Bani of the Word, and the Shabad, the Word of God.	ਜਦੋਂ ਇਹ ਜਗਤ ਗੁਰੂ ਦੀ ਬਾਣੀ ਸੁਣਦਾ ਹੈ ਗੁਰੂ ਦਾ ਸ਼ਬਦ ਸੁਣਦਾ ਹੈ,
50734	1177	ਇਹੁ ਜਗੁ ਹਰਿਆ ਸਤਿਗੁਰ ਭਾਏ॥੨॥		Eihu Jag Hariaa Sathigur Bhaaeae ||2||	This world blossoms forth in its greenery, through the love of the True Guru. ||2||	ਅਤੇ ਗੁਰੂ ਦੇ ਪਿਆਰ ਵਿਚ ਮਗਨ ਹੁੰਦਾ ਹੈ ਤਦੋਂ ਇਹ ਆਤਮਕ ਜੀਵਨ ਨਾਲ ਹਰਾ-ਭਰਾ ਹੋ ਜਾਂਦਾ ਹੈ ॥੨॥
50735	1177	ਫਲ ਫੂਲ ਲਾਗੇ ਜਾਂ ਆਪੇ ਲਾਏ॥		Fal Fool Laagae Jaan Aapae Laaeae ||	The mortal blossoms forth in flower and fruit, when the Lord Himself so wills.	(ਜੀਵ ਦੇ ਆਪਣੇ ਵੱਸ ਦੀ ਗੱਲ ਨਹੀਂ ਹੈ। ਮਨੁੱਖਾ ਜੀਵਨ ਦੇ ਰੁੱਖ ਨੂੰ ਆਤਮਕ ਗੁਣਾਂ ਦੇ) ਫੁੱਲ ਫਲ (ਤਦੋਂ ਹੀ) ਲੱਗਦੇ ਜਦੋਂ ਪਰਮਾਤਮਾ ਆਪ ਹੀ ਲਾਂਦਾ ਹੈ।
50736	1177	ਮੂਲਿ ਲਗੈ ਤਾਂ ਸਤਿਗੁਰੁ ਪਾਏ॥੩॥		Mool Lagai Thaan Sathigur Paaeae ||3||	He is attached to the Lord, the Primal Root of all, when he finds the True Guru. ||3||	(ਜਦੋਂ ਪ੍ਰਭੂ ਦੀ ਮਿਹਰ ਨਾਲ ਮਨੁੱਖ ਨੂੰ) ਗੁਰੂ ਮਿਲਦਾ ਹੈ, ਤਦੋਂ ਮਨੁੱਖ ਸਾਰੇ ਜਗਤ ਦੇ ਸਿਰਜਣਹਾਰ ਵਿਚ ਜੁੜਦਾ ਹੈ ॥੩॥
50737	1177	ਆਪਿ ਬਸੰਤੁ ਜਗਤੁ ਸਭੁ ਵਾੜੀ॥	ਜੱਗ-ਤੁ	Aap Basanth Jagath Sabh Vaarree ||	The Lord Himself is the season of spring; the whole world is His Garden.	ਇਹ ਸਾਰਾ ਜਗਤ (ਪਰਮਾਤਮਾ ਦੀ) ਬਗੀਚੀ ਹੈ, (ਇਸ ਨੂੰ ਹਰਾ-ਭਰਾ ਕਰਨ ਵਾਲਾ) ਬਸੰਤ ਭੀ ਉਹ ਉਹ ਆਪ ਹੀ ਹੈ।

50738	1177	ਨਾਨਕ ਪੂਰੈ ਭਾਗਿ ਭਗਤਿ ਨਿਰਾਲੀ॥੪॥੫॥੧੭॥		Naanak Poorai Bhaag Bhagath Niraalee ||4||5||17||	O Nanak, this most unique devotional worship comes only by perfect destiny. ||4||5||17||	ਹੇ ਨਾਨਕ! (ਮਾਇਆ ਦੇ ਮੋਹ ਤੋਂ) ਨਿਰਲੇਪ ਕਰਨ ਵਾਲੀ ਹਰਿ-ਭਗਤੀ ਵੱਡੀ ਕਿਸਮਤ ਨਾਲ ਹੀ (ਕਿਸੇ ਮਨੁੱਖ ਨੂੰ ਮਿਲਦੀ ਹੈ) ॥੪॥੫॥੧੭॥
50739	1177	ਬਸੰਤੁ ਹਿੰਡੋਲ ਮਹਲਾ ੩ ਘਰੁ ੨		Basanth Hinddol Mehalaa 3 Ghar 2	Basant Hindol, Third Mehl, Second House:	ਰਾਗ ਬਸੰਤੁ/ਹਿੰਡੋਲ, ਘਰ ੨ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।
50740	1177	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
50741	1177	ਗੁਰ ਕੀ ਬਾਣੀ ਵਿਟਹੁ ਵਾਰਿਆ ਭਾਈ ਗੁਰ ਸਬਦ ਵਿਟਹੁ ਬਲਿ ਜਾਈ॥		Gur Kee Baanee Vittahu Vaariaa Bhaaee Gur Sabadh Vittahu Bal Jaaee ||	I am a sacrifice to the Word of the Guru's Bani, O Siblings of Destiny. I am devoted and dedicated to the Word of the Guru's Shabad.	ਹੇ ਭਾਈ! ਮੈਂ ਗੁਰੂ ਦੀ ਬਾਣੀ ਤੋਂ ਗੁਰੂ ਦੇ ਸ਼ਬਦ ਤੋਂ ਸਦਕੇ ਜਾਂਦਾ ਹਾਂ।
50742	1177	ਗੁਰੁ ਸਾਲਾਹੀ ਸਦ ਅਪਣਾ ਭਾਈ ਗੁਰ ਚਰਣੀ ਚਿਤੁ ਲਾਈ॥੧॥		Gur Saalaahee Sadh Apanaa Bhaaee Gur Charanee Chith Laaee ||1||	I praise my Guru forever, O Siblings of Destiny. I focus my consciousness on the Guru's Feet. ||1||	ਮੈਂ ਸਦਾ ਆਪਣੇ ਗੁਰੂ ਨੂੰ ਸਲਾਹੁੰਦਾ ਹਾਂ, ਮੈਂ ਆਪਣੇ ਗੁਰੂ ਦੇ ਚਰਨਾਂ ਵਿਚ ਚਿੱਤ ਜੋੜਦਾ ਹਾਂ ॥੧॥

50743	1177	ਮੇਰੇ ਮਨ ਰਾਮ ਨਾਮਿ ਚਿਤੁ ਲਾਇ॥		Maerae Man Raam Naam Chith Laae ||	O my mind,focus your consciousness on the Lord's Name.	ਹੇ ਮੇਰੇ ਮਨ! ਪਰਮਾਤਮਾ ਦੇ ਨਾਮ ਵਿਚ ਚਿੱਤ ਜੋੜ।
50744	1177	ਮਨ ਤਨੁ ਤੇਰਾ ਹਰਿਆ ਹੋਵੈ ਇਕੁ ਹਰਿ ਨਾਮਾ ਫਲੁ ਪਾਇ॥੧॥ਰਹਾਉ॥		Man Than Thaeraa Hariaa Hovai Eik Har Naamaa Fal Paae ||1|| Rehaao ||	Your mind and body shall blossom forth in lush greenery, and you shall obtain the fruit of the Name of the One Lord. ||1||Pause||	ਪਰਮਾਤਮਾ ਦਾ ਨਾਮ-ਫਲ ਪ੍ਰਾਪਤ ਕਰ ਕੇ ਤੇਰਾ ਮਨ ਖਿੜ ਪਏਗਾ ਤੇਰਾ ਤਨ ਖਿੜ ਪਏਗਾ ॥੧॥ ਰਹਾਉ ॥
50745	1177	ਗੁਰਿ ਰਾਖੇ ਸੇ ਉਬਰੇ ਭਾਈ ਹਰਿ ਰਸੁ ਅੰਮ੍ਰਿਤੁ ਪੀਆਇ॥		Gur Raakhae Sae Oubarae Bhaaee Har Ras Anmrith Peeaae ||	Those who are protected by the Guru are saved, O Siblings of Destiny. They drink in the Ambrosial Nectar of the Lord's sublime essence.	ਗੁਰੂ ਨੇ ਜਿਨ੍ਹਾਂ ਮਨੁੱਖਾਂ ਦੀ ਰੱਖਿਆ ਕੀਤੀ ਉਹ (ਮਾਇਆ ਦੇ ਮੋਹ ਦੇ ਪੰਜੇ ਤੋਂ) ਬਚ ਗਏ ਗੁਰੂ ਨੇ ਉਹਨਾਂ ਨੂੰ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪਿਲਾ ਕੇ (ਬਚਾ ਲਿਆ)।
50746	1177	ਵਿਚਹੁ ਹਉਮੈ ਦੁਖੁ ਉਠਿ ਗਇਆ ਭਾਈ ਸੁਖੁ ਵੁਠਾ ਮਨਿ ਆਇ॥੨॥		Vichahu Houmai Dhukh Outh Gaeiaa Bhaaee Sukh Vuthaa Man Aae ||2||	The pain of egotism within is eradicated and banished, O Siblings of Destiny, and peace comes to dwell in their minds. ||2||	ਉਹਨਾਂ ਦੇ ਅੰਦਰੋਂ ਹਉਮੈ ਦਾ ਦੁੱਖ ਦੂਰ ਹੋ ਗਿਆ, ਉਹਨਾਂ ਦੇ ਮਨ ਵਿਚ ਆਨੰਦ ਆ ਵੱਸਿਆ ॥੨॥

50747	1177	ਧੁਰਿ ਆਪੇ ਜਿਨ੍ਹਾ ਨੋ ਬਖਸਿਓਨੁ ਭਾਈ ਸਬਦੇ ਲਇਅਨੁ ਮਿਲਾਇ॥		Dhhur Aapae Jinhaa No Bakhasioun Bhaaee Sabadhae Laeian Milaae ||	Those whom the Primal Lord Himself forgives, O Siblings of Destiny, are united with the Word of the Shabad.	ਧੁਰ ਦਰਗਾਹ ਤੋਂ ਪਰਮਾਤਮਾ ਨੇ ਆਪ ਹੀ ਜਿਨ੍ਹਾਂ ਉਤੇ ਬਖ਼ਸ਼ਸ਼ ਕੀਤੀ, ਉਹਨਾਂ ਨੂੰ ਉਸ ਨੇ (ਗੁਰੂ ਦੇ) ਸ਼ਬਦ ਵਿਚ ਜੋੜ ਦਿੱਤਾ।
50748	1177	ਧੂੜਿ ਤਿਨ੍ਹਾ ਕੀ ਅਘੁਲੀਐ ਭਾਈ ਸਤਸੰਗਤਿ ਮੇਲਿ ਮਿਲਾਇ॥੩॥	ਅ-ਘੁੱਲੀਐ	Dhhoorr Thinhaa Kee Aghuleeai Bhaaee Sathasangath Mael Milaae ||3||	The dust of their feet brings emancipation; in the company of Sadh Sangat, the True Congregation, we are united with the Lord. ||3||	ਉਹਨਾਂ ਦੀ ਚਰਨ-ਧੂੜ ਦੀ ਬਰਕਤਿ ਨਾਲ (ਮਾਇਆ ਤੋਂ) ਨਿਰਲੇਪ ਹੋ ਜਾਈਦਾ ਹੈ (ਜਿਨ੍ਹਾਂ ਉਤੇ ਬਖ਼ਸ਼ਸ਼ ਕਰਦਾ ਹੈ ਉਹਨਾਂ ਨੂੰ) ਸਾਧ ਸੰਗਤ ਵਿਚ ਮੇਲ ਕੇ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ ॥੩॥
50749	1177	ਆਪਿ ਕਰਾਏ ਕਰੇ ਆਪਿ ਭਾਈ ਜਿਨਿ ਹਰਿਆ ਕੀਆ ਸਭੁ ਕੋਇ॥		Aap Karaaeae Karae Aap Bhaaee Jin Hariaa Keeaa Sabh Koe ||	He Himself does, and causes all to be done, O Siblings of Destiny; He makes everything blossom forth in green abundance.	ਜਿਸ ਪਰਮਾਤਮਾ ਨੇ ਹਰੇਕ ਜੀਵ ਨੂੰ ਜਿੰਦ ਦਿੱਤੀ ਹੈ ਉਹ ਆਪ ਹੀ (ਜੀਵਾਂ ਪਾਸੋਂ ਸਭ ਕੁਝ) ਕਰਾਂਦਾ ਹੈ ਆਪ ਹੀ (ਸਭ ਵਿਚ ਵਿਆਪਕ ਹੋ ਕੇ ਸਭ ਕੁਝ) ਕਰਦਾ ਹੈ।
50750	1177	ਨਾਨਕ ਮਨਿ ਤਨਿ ਸੁਖੁ ਸਦ ਵਸੈ ਭਾਈ ਸਬਦਿ ਮਿਲਾਵਾ ਹੋਇ॥੪॥੧॥੧੮॥੧੨॥੧੮॥੩੦॥		Naanak Man Than Sukh Sadh Vasai Bhaaee Sabadh Milaavaa Hoe ||4||1||18||12||18||30||	O Nanak, peace fills their minds and bodies forever, O Siblings of Destiny; they are united with the Shabad. ||4||1||18||12||18||30||	ਹੇ ਨਾਨਕ! ਗੁਰੂ ਦੇ ਸ਼ਬਦ ਦੀ ਰਾਹੀਂ ਜਿਸ ਮਨੁੱਖ ਦਾ ਮਿਲਾਪ ਪਰਮਾਤਮਾ ਨਾਲ ਹੋ ਜਾਂਦਾ ਹੈ, ਉਸ ਦੇ ਮਨ ਵਿਚ ਉਸ ਦੇ ਤਨ ਵਿਚ ਸਦਾ ਆਨੰਦ ਬਣਿਆ ਰਹਿੰਦਾ ਹੈ ॥੪॥੧॥੧੮॥੧੨॥੧੮॥੩੦॥

50751	1177	ਰਾਗੁ ਬਸੰਤੁ ਮਹਲਾ ੪ ਘਰੁ ੧ ਇਕ ਤੁਕੇ		Raag Basanth Mehalaa 4 Ghar 1 Eik Thukae	Raag Basant, Fourth Mehl, First House, Ik-Tukay:	ਰਾਗ ਬਸੰਤੁ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਇਕ-ਤੁਕੀ ਬਾਣੀ।
50752	1177	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
50753	1177	ਜਿਉ ਪਸਰੀ ਸੂਰਜ ਕਿਰਣਿ ਜੋਤਿ॥		Jio Pasaree Sooraj Kiran Joth ||	Just as the light of the sun's rays spread out	ਹੇ ਮੇਰੀ ਮਾਂ! ਜਿਵੇਂ ਸੂਰਜ ਦੀ ਕਿਰਣ ਦਾ ਚਾਨਣ (ਸਾਰੇ ਜਗਤ ਵਿਚ) ਖਿਲਰਿਆ ਹੋਇਆ ਹੈ,
50754	1177	ਤਿਉ ਘਟਿ ਘਟਿ ਰਮਈਆ ਓਤਿ ਪੋਤਿ॥੧॥	ਰ–ਮਈਆ	Thio Ghatt Ghatt Rameeaa Outh Poth ||1||	The Lord permeates each and every heart, through and through. ||1||	ਤਿਵੇਂ ਸੋਹਣਾ ਰਾਮ ਤਾਣੇ ਪੇਟੇ ਵਾਂਗ ਹਰੇਕ ਸਰੀਰ ਵਿਚ ਮੌਜੂਦ ਹੈ ॥੧॥
50755	1177	ਏਕੋ ਹਰਿ ਰਵਿਆ ਸ੍ਰਬ ਥਾਇ॥		Eaeko Har Raviaa Srab Thhaae ||	The One Lord is permeating and pervading all places.	ਹੇ ਮੇਰੀ ਮਾਂ! (ਭਾਵੇਂ ਸਿਰਫ਼) ਇਕ ਪਰਮਾਤਮਾ ਹੀ ਸਭ ਥਾਈਂ ਮੌਜੂਦ ਹੈ,
50756	1177	ਗੁਰ ਸਬਦੀ ਮਿਲੀਐ ਮੇਰੀ ਮਾਇ॥੧॥ਰਹਾਉ॥		Gur Sabadhee Mileeai Maeree Maae ||1|| Rehaao ||	Through the Word of the Guru's Shabad, we merge with Him, O my mother. ||1||Pause||	(ਫਿਰ ਭੀ) ਗੁਰੂ ਦੇ ਸ਼ਬਦ ਦੀ ਰਾਹੀਂ ਹੀ (ਉਸ ਨੂੰ) ਮਿਲਿਆ ਜਾ ਸਕਦਾ ਹੈ ॥੧॥ ਰਹਾਉ ॥

50757	1177	ਘਟਿ ਘਟਿ ਅੰਤਰਿ ਏਕੋ ਹਰਿ ਸੋਇ॥		Ghatt Ghatt Anthar Eaeko Har Soe ||	The One Lord is deep within each and every heart.	ਹੇ ਮਾਂ! ਉਹ ਇਕ ਪਰਮਾਤਮਾ ਹੀ ਹਰੇਕ ਸਰੀਰ ਦੇ ਅੰਦਰ ਵਿਆਪਕ ਹੈ।
50758	1177	ਗੁਰਿ ਮਿਲਿਐ ਇਕੁ ਪ੍ਰਗਟੁ ਹੋਇ॥੨॥		Gur Miliai Eik Pragatt Hoe ||2||	Meeting with the Guru, the One Lord becomes manifest, radiating forth. ||2||	ਜੇ (ਜੀਵ ਨੂੰ) ਗੁਰੂ ਮਿਲ ਪਏ, ਤਾਂ ਉਹ ਪਰਮਾਤਮਾ ਪਰਤੱਖ ਦਿੱਸ ਪੈਂਦਾ ਹੈ ॥੨॥
50759	1177	ਏਕੋ ਏਕੁ ਰਹਿਆ ਭਰਪੂਰਿ॥		Eaeko Eaek Rehiaa Bharapoor ||	The One and Only Lord is present and prevailing everywhere.	ਹੇ ਮਾਂ! ਇਕ ਪਰਮਾਤਮਾ ਹੀ ਹਰ ਥਾਂ ਜ਼ੱਰੇ ਜ਼ੱਰੇ ਵਿਚ ਵੱਸ ਰਿਹਾ ਹੈ।
50760	1177	ਸਾਕਤ ਨਰ ਲੋਭੀ ਜਾਣਹਿ ਦੂਰਿ॥੩॥		Saakath Nar Lobhee Jaanehi Dhoor ||3||	The greedy, faithless cynic thinks that God is far away. ||3||	ਪਰ ਪਰਮਾਤਮਾ ਨਾਲੋਂ ਟੁੱਟੇ ਹੋਏ ਮਾਇਆ ਦੇ ਲਾਲਚੀ ਮਨੁੱਖ ਸਮਝਦੇ ਹਨ ਕਿ ਉਹ ਕਿਤੇ ਦੂਰ ਵੱਸਦਾ ਹੈ ॥੩॥
50761	1177	ਏਕੋ ਏਕੁ ਵਰਤੈ ਹਰਿ ਲੋਇ॥		Eaeko Eaek Varathai Har Loe ||	The One and Only Lord permeates and pervades the world.	ਇਕ ਪਰਮਾਤਮਾ ਹੀ ਸਾਰੇ ਜਗਤ ਵਿਚ ਵਰਤ ਰਿਹਾ ਹੈ।
50762	1177	ਨਾਨਕ ਹਰਿ ਏਕੋ ਕਰੇ ਸੁ ਹੋਇ॥੪॥੧॥		Naanak Har Eaekuo Karae S Hoe ||4||1||	O Nanak, whatever the One Lord does comes to pass. ||4||1||	ਹੇ ਨਾਨਕ! ਉਹ ਸਰਬ-ਵਿਆਪਕ ਪ੍ਰਭੂ ਹੀ ਜੋ ਕੁਝ ਕਰਦਾ ਹੈ ਉਹ ਹੁੰਦਾ ਹੈ ॥੪॥੧॥
50763	1177	ਬਸੰਤੁ ਮਹਲਾ ੪॥		Basanth Mehalaa 4 ||	Basant, Fourth Mehl:	

50764	1177	ਰੈਣਿ ਦਿਨਸੁ ਦੁਇ ਸਦੇ ਪਏ॥	ਸੱਦੇ	Rain Dhinas Dhue Sadhae Peae ||	Day and night, the two calls are sent out.	ਹੇ ਮੇਰੇ ਮਨ! ਰਾਤ ਅਤੇ ਦਿਨ ਦੋਵੇਂ ਮੌਤ ਦਾ ਸੱਦਾ ਦੇ ਰਹੇ ਹਨ (ਕਿ ਉਮਰ ਬੀਤ ਰਹੀ ਹੈ, ਤੇ, ਮੌਤ ਨੇੜੇ ਆ ਰਹੀ ਹੈ)।
50765	1177	ਮਨ ਹਰਿ ਸਿਮਰਹੁ ਅੰਤਿ ਸਦਾ ਰਖਿ ਲਏ॥੧॥		Man Har Simarahu Anth Sadhaa Rakh Leae ||1||	O mortal, meditate in remembrance on the Lord, who protects you forever, and saves you in the end. ||1||	ਹੇ ਮਨ! ਪਰਮਾਤਮਾ ਦਾ ਨਾਮ ਸਿਮਰਿਆ ਕਰ, ਹਰਿ-ਨਾਮ ਹੀ ਅੰਤ ਵੇਲੇ ਸਦਾ ਰੱਖਿਆ ਕਰਦਾ ਹੈ ॥੧॥
50766	1177	ਹਰਿ ਹਰਿ ਚੇਤਿ ਸਦਾ ਮਨ ਮੇਰੇ॥		Har Har Chaeth Sadhaa Man Maerae ||	Concentrate forever on the Lord, Har, Har, O my mind.	ਹੇ ਮੇਰੇ ਮਨ! ਸਦਾ ਪਰਮਾਤਮਾ ਨੂੰ ਯਾਦ ਕਰਿਆ ਕਰ, ਗੁਰੂ ਦੀ ਮੱਤ ਲੈ ਕੇ ਪਰਮਾਤਮਾ ਦੇ ਗੁਣ ਗਾਇਆ ਕਰ।
50767	1177	ਸਭੁ ਆਲਸੁ ਦੂਖਭੰਜਿ ਪ੍ਰਭੁ ਪਾਇਆ ਗੁਰਮਤਿ ਗਾਵਹੁ ਗੁਣ ਪ੍ਰਭ ਕੇਰੇ॥੧॥ਰਹਾਉ॥		Sabh Aalas Dhookh Bhanj Prabh Paaeiaa Guramath Gaavahu Gun Prabh Kaerae ||1|| Rehaao ||	God the Destroyer of all depression and suffering is found, through the Guru's Teachings, singing the Glorious Praises of God. ||1||Pause||	(ਜਿਸ ਮਨੁੱਖ ਨੇ ਇਹ ਉੱਦਮ ਕੀਤਾ, ਉਸ ਨੇ) ਸਾਰਾ ਆਲਸ ਦੂਰ ਕਰ ਕੇ ਆਪਣੇ ਸਾਰੇ ਦੁੱਖ ਨਾਸ ਕਰ ਕੇ ਪਰਮਾਤਮਾ ਦਾ ਮਿਲਾਪ ਹਾਸਲ ਕਰ ਲਿਆ ॥੧॥ ਰਹਾਉ ॥
50768	1177	ਮਨਮੁਖ ਫਿਰਿ ਫਿਰਿ ਹਉਮੈ ਮੁਏ॥		Manamukh Fir Fir Houmai Mueae ||	The self-willed manmukhs die of their egotism, over and over again.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮੁੜ ਮੁੜ ਹਉਮੈ ਦੇ ਕਾਰਨ ਆਤਮਕ ਮੌਤ ਸਹੇੜਦੇ ਰਹਿੰਦੇ ਹਨ।

50769	1178	ਕਾਲਿ ਦੈਤਿ ਸੰਘਾਰੇ ਜਮਪੁਰਿ ਗਏ॥੨॥	ਦੈਂਤਿ	Kaal Dhaith Sanghaarae Jam Pur Geae ||2||	They are destroyed by Death's demons, and they must go to the City of Death. ||2||	ਜਦੋਂ ਕਾਲ ਦੈਂਤ ਨੇ ਉਹਨਾਂ ਨੂੰ ਮਾਰ ਮੁਕਾਇਆ, ਤਦੋਂ ਜਮਾਂ ਦੇ ਵੱਸ ਪੈ ਗਏ ॥੨॥
50770	1178	ਗੁਰਮੁਖਿ ਹਰਿ ਹਰਿ ਹਰਿ ਲਿਵ ਲਾਗੇ॥		Guramukh Har Har Har Liv Laagae ||	The Gurmukhs are lovingly attached to the Lord, Har, Har, Har.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਦੇ ਅੰਦਰ ਪਰਮਾਤਮਾ ਦੇ ਨਾਮ ਦੀ ਲਗਨ ਲੱਗਦੀ ਹੈ,
50771	1178	ਜਨਮ ਮਰਣ ਦੋਊ ਦੁਖ ਭਾਗੇ॥੩॥		Janam Maran Dhooo Dhukh Bhaagae ||3||	Their pains of both birth and death are taken away. ||3||	(ਜਿਸ ਦੀ ਬਰਕਤਿ ਨਾਲ) ਜੰਮਣ ਤੇ ਮਰਨ ਦੇ ਉਹਨਾਂ ਦੇ ਦੋਵੇਂ ਦੁੱਖ ਦੂਰ ਹੋ ਜਾਂਦੇ ਹਨ ॥੩॥
50772	1178	ਭਗਤ ਜਨਾ ਕਉ ਹਰਿ ਕਿਰਪਾ ਧਾਰੀ॥		Bhagath Janaa Ko Har Kirapaa Dhhaaree ||	The Lord showers His Mercy on His humble devotees.	ਆਪਣੇ ਭਗਤਾਂ ਉਤੇ ਪਰਮਾਤਮਾ ਆਪ ਮਿਹਰ ਕਰਦਾ ਹੈ (ਉਹਨਾਂ ਨੂੰ ਗੁਰੂ ਮਿਲਾਂਦਾ ਹੈ)।
50773	1178	ਗੁਰੁ ਨਾਨਕੁ ਤੁਠਾ ਮਿਲਿਆ ਬਨਵਾਰੀ॥੪॥੨॥		Gur Naanak Thuthaa Miliaa Banavaaree ||4||2||	Guru Nanak has shown mercy to me; I have met the Lord, the Lord of the forest. ||4||2||	ਜਿਸ ਮਨੁੱਖ ਉੱਤੇ ਗੁਰੂ ਨਾਨਕ ਦਇਆਵਾਨ ਹੋਇਆ, ਉਸ ਨੂੰ ਪਰਮਾਤਮਾ ਮਿਲ ਪਿਆ ॥੪॥੨॥
50774	1178	ਬਸੰਤੁ ਹਿੰਡੋਲ ਮਹਲਾ ੪ ਘਰੁ ੨		Basanth Hinddol Mehalaa 4 Ghar 2	Basant Hindol, Fourth Mehl, Second House:	ਰਾਗ ਬਸੰਤੁ/ਹਿੰਡੋਲ, ਘਰ ੨ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।

50775	1178	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
50776	1178	ਰਾਮ ਨਾਮੁ ਰਤਨ ਕੋਠੜੀ ਗੜ ਮੰਦਰਿ ਏਕ ਲੁਕਾਨੀ॥	ਗੜ੍	Raam Naam Rathan Kotharree Garr Mandhar Eaek Lukaanee ||	The Lord's Name is a jewel, hidden in a chamber of the palace of the body-fortress.	ਪਰਮਾਤਮਾ ਦਾ ਨਾਮ ਸ੍ਰੇਸ਼ਟ ਆਤਮਕ ਗੁਣਾਂ ਦਾ ਸੋਹਣਾ ਜਿਹਾ ਖ਼ਜ਼ਾਨਾ ਹੈ, ਇਹ ਖ਼ਜ਼ਾਨਾ ਸਰੀਰ-ਕਿਲ੍ਹੇ ਵਿਚ ਸਰੀਰ-ਮੰਦਰ ਵਿਚ ਗੁਪਤ ਪਿਆ ਰਹਿੰਦਾ ਹੈ।
50777	1178	ਸਤਿਗੁਰੁ ਮਿਲੈ ਤ ਖੋਜੀਐ ਮਿਲਿ ਜੋਤੀ ਜੋਤਿ ਸਮਾਨੀ॥੧॥		Sathigur Milai Th Khojeeai Mil Jothee Joth Samaanee ||1||	When one meets the True Guru, then he searches and finds it, and his light merges with the Divine Light. ||1||	ਜਦੋਂ (ਮਨੁੱਖ ਨੂੰ) ਗੁਰੂ ਮਿਲਦਾ ਹੈ ਤਦੋਂ (ਉਸ ਖ਼ਜ਼ਾਨੇ ਦੀ) ਭਾਲ ਕੀਤੀ ਜਾ ਸਕਦੀ ਹੈ। (ਗੁਰੂ ਨੂੰ) ਮਿਲ ਕੇ ਮਨੁੱਖ ਦੀ ਜਿੰਦ ਪਰਮਾਤਮਾ ਦੀ ਜੋਤਿ ਵਿਚ ਲੀਨ ਹੋ ਜਾਂਦੀ ਹੈ ॥੧॥
50778	1178	ਮਾਧੋ ਸਾਧੂ ਜਨ ਦੇਹੁ ਮਿਲਾਇ॥		Maadhho Saadhhoo Jan Dhaehu Milaae ||	O Lord, lead me to meet with the Holy Person, the Guru.	ਹੇ ਮਾਇਆ ਦੇ ਖਸਮ ਪ੍ਰਭੂ! (ਮੈਨੂੰ) ਦਾਸ ਨੂੰ ਗੁਰੂ ਮਿਲਾ ਦੇ।
50779	1178	ਦੇਖਤ ਦਰਸੁ ਪਾਪ ਸਭਿ ਨਾਸਹਿ ਪਵਿਤ੍ਰ ਪਰਮਪਦੁ ਪਾਇ॥੧॥ ਰਹਾਉ॥		Dhaekhath Dharas Paap Sabh Naasehi Pavithr Param Padh Paae ||1|| Rehaao ||	Gazing upon the Blessed Vision of His Darshan, all my sins are erased, and I obtain the supreme, sublime, sanctified status. ||1||Pause||	ਗੁਰੂ ਦਾ ਦਰਸਨ ਕਰਦਿਆਂ ਸਾਰੇ ਪਾਪ ਨਾਸ ਹੋ ਜਾਂਦੇ ਹਨ। (ਜਿਹੜਾ ਮਨੁੱਖ ਗੁਰੂ ਦਾ ਦਰਸਨ ਕਰਦਾ ਹੈ, ਉਹ) ਪਵਿੱਤਰ ਅਤੇ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ ॥੧॥ ਰਹਾਉ ॥

50780	1178	ਪੰਚ ਚੋਰ ਮਿਲਿ ਲਾਗੇ ਨਗਰੀਆ ਰਾਮ ਨਾਮ ਧਨੁ ਹਿਰਿਆ॥	ਨੱਗਰੀਆ	Panch Chor Mil Laagae Nagareeaa Raam Naam Dhhan Hiriaa ||	The five thieves join together and plunder the body-village, stealing the wealth of the Lord's Name.	(ਮਨੁੱਖ ਦੇ ਇਸ ਸਰੀਰ-) ਨਗਰ ਵਿਚ (ਕਾਮਾਦਿਕ) ਪੰਜ ਚੋਰ ਮਿਲ ਕੇ ਸੰਨ੍ਹ ਲਾਈ ਰੱਖਦੇ ਹਨ, ਅਤੇ (ਮਨੁੱਖ ਦੇ ਅੰਦਰੋਂ) ਪਰਮਾਤਮਾ ਦਾ ਨਾਮ-ਧਨ ਚੁਰਾ ਲੈਂਦੇ ਹਨ।
50781	1178	ਗੁਰਮਤਿ ਖੋਜ ਪਰੇ ਤਬ ਪਕਰੇ ਧਨੁ ਸਾਬਤੁ ਰਾਸਿ ਉਬਰਿਆ॥੨॥		Guramath Khoj Parae Thab Pakarae Dhhan Saabath Raas Oubariaa ||2||	But through the Guru's Teachings, they are traced and caught, and this wealth is recovered intact. ||2||	ਜਦੋਂ ਕੋਈ ਮਨੁੱਖ ਗੁਰੂ ਦੀ ਮੱਤ ਲੈ ਕੇ ਇਹਨਾਂ ਦਾ ਖੁਰਾ ਨਿਸ਼ਾਨ ਲੱਭਦਾ ਹੈ ਤਦੋਂ (ਇਹ ਚੋਰ) ਫੜੇ ਜਾਂਦੇ ਹਨ, ਅਤੇ ਉਸ ਮਨੁੱਖ ਦਾ ਨਾਮ-ਧਨ ਨਾਮ-ਸਰਮਾਇਆ ਸਾਰੇ ਦਾ ਸਾਰਾ ਬਚ ਜਾਂਦਾ ਹੈ ॥੨॥
50782	1178	ਪਾਖੰਡ ਭਰਮ ਉਪਾਵ ਕਰਿ ਥਾਕੇ ਰਿਦ ਅੰਤਰਿ ਮਾਇਆ ਮਾਇਆ॥		Paakhandd Bharam Oupaav Kar Thhaakae Ridh Anthar Maaeiaa Maaeiaa ||	Practicing hypocrisy and superstition, people have grown weary of the effort, but still, deep within their hearts, they yearn for Maya, Maya.	ਧਰਮ ਦੇ ਵਿਖਾਵੇ ਵਾਲੇ ਅਤੇ ਭਰਮਾਂ-ਵਹਿਮਾਂ ਵਾਲੇ ਹੀਲੇ ਕਰ ਕੇ (ਮਨੁੱਖ) ਥੱਕ ਜਾਂਦੇ ਹਨ ਉਹਨਾਂ ਦੇ ਹਿਰਦੇ ਵਿਚ ਸਦਾ ਮਾਇਆ (ਦੀ ਤ੍ਰਿਸ਼ਨਾ ਹੀ ਟਿਕੀ ਰਹਿੰਦੀ ਹੈ)।
50783	1178	ਸਾਧੂ ਪੁਰਖੁ ਪੁਰਖ ਪਤਿ ਪਾਇਆ ਅਗਿਆਨ ਅੰਧੇਰੁ ਗਵਾਇਆ॥੩॥		Saadhhoo Purakh Purakhapath Paaeiaa Agiaan Andhhaer Gavaaeiaa ||3||	By the Grace of the Holy Person, I have met with the Lord, the Primal Being, and the darkness of ignorance is dispelled. ||3||	ਪਰ ਜਿਸ ਮਨੁੱਖ ਨੂੰ ਸ੍ਰੇਸ਼ਟ ਪੁਰਖ ਗੁਰੂ ਮਿਲ ਪੈਂਦਾ ਹੈ, ਉਹ ਮਨੁੱਖ ਆਪਣੇ ਅੰਦਰੋਂ ਆਤਮਕ ਜੀਵਨ ਵੱਲੋਂ ਬੇ-ਸਮਝੀ ਦਾ ਹਨੇਰਾ ਦੂਰ ਕਰ ਲੈਂਦਾ ਹੈ ॥੩॥

50784	1178	ਜਗੰਨਾਥ ਜਗਦੀਸ ਗੁਸਾਈ ਕਰਿ ਕਿਰਪਾ ਸਾਧੁ ਮਿਲਾਵੈ॥	ਜਗੰ-ਨਾਥ, ਜੱਗਦੀਸ	Jagannaathh Jagadhees Gusaaee Kar Kirapaa Saadhh Milaavai ||	The Lord, the Lord of the Earth, the Lord of the Universe, in His Mercy, leads me to meet the Holy Person, the Guru.	ਜਗਤ ਦਾ ਨਾਥ, ਜਗਤ ਦਾ ਮਾਲਕ, ਜਗਤ ਦਾ ਖਸਮ ਮਿਹਰ ਕਰ ਕੇ ਜਿਸ ਮਨੁੱਖ ਨੂੰ ਗੁਰੂ ਮਿਲਾਂਦਾ ਹੈ,
50785	1178	ਨਾਨਕ ਸਾਂਤਿ ਹੋਵੈ ਮਨ ਅੰਤਰਿ ਨਿਤ ਹਿਰਦੈ ਹਰਿ ਗੁਣ ਗਾਵੈ॥੪॥੧॥੩॥		Naanak Saanth Hovai Man Anthar Nith Hiradhai Har Gun Gaavai ||4||1||3||	O Nanak, peace then comes to abide deep within my mind, and I constantly sing the Glorious Praises of the Lord within my heart. ||4||1||3||	ਹੇ ਨਾਨਕ! ਉਸ ਮਨੁੱਖ ਦੇ ਮਨ ਵਿਚ ਆਤਮਕ ਅਡੋਲਤਾ ਬਣੀ ਰਹਿੰਦੀ ਹੈ, ਉਹ ਮਨੁੱਖ ਆਪਣੇ ਹਿਰਦੇ ਵਿਚ ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੪॥੧॥੩॥
50786	1178	ਬਸੰਤੁ ਮਹਲਾ ੪ ਹਿੰਡੋਲ॥		Basanth Mehalaa 4 Hinddol ||	Basant, Fourth Mehl, Hindol:	
50787	1178	ਤੁਮ੍ ਵਡ ਪੁਰਖ ਵਡ ਅਗਮ ਗੁਸਾਈ ਹਮ ਕੀਰੇ ਕਿਰਮ ਤੁਮਨਛੇ॥	(ਤੁਮਨ-ਛੇ) ਆਪਜੀ ਦੇ	Thumh Vadd Purakh Vadd Agam Gusaaee Ham Keerae Kiram Thumanashhae ||	You are the Great Supreme Being, the Vast and Inaccessible Lord of the World; I am a mere insect, a worm created by You.	(ਹੇ ਪ੍ਰਭੂ!) ਤੂੰ ਅਪਹੁੰਚ ਹੈਂ, ਤੂੰ ਜਗਤ ਦਾ ਮਾਲਕ ਹੈਂ, ਤੂੰ ਸਭ ਤੋਂ ਵੱਡਾ ਪੁਰਖ ਹੈਂ, ਅਸੀਂ ਤੇਰੇ ਪੈਦਾ ਕੀਤੇ ਹੋਏ ਤੁੱਛ ਜਿਹੇ ਜੀਵ ਹਾਂ।

50788	1178	ਹਰਿ ਦੀਨ ਦਇਆਲ ਕਰਹੁ ਪ੍ਰਭ ਕਿਰਪਾ ਗੁਰ ਸਤਿਗੁਰ ਚਰਣ ਹਮ ਬਨਛੇ॥੧॥	ਬਨ-ਛੇ	Har Dheen Dhaeiaal Karahu Prabh Kirapaa Gur Sathigur Charan Ham Banashhae ||1||	O Lord, Merciful to the meek, please grant Your Grace; O God, I long for the feet of the Guru, the True Guru. ||1||	ਹੇ ਦੀਨਾਂ ਉੱਤੇ ਦਇਆ ਕਰਨ ਵਾਲੇ ਹਰੀ! ਹੇ ਪ੍ਰਭੂ! (ਮੇਰੇ ਉੱਤੇ) ਮਿਹਰ ਕਰ (ਮੈਨੂੰ ਗੁਰੂ ਮਿਲਾ) ਮੈਂ ਗੁਰੂ ਸਤਿਗੁਰੂ ਦੇ ਚਰਨਾਂ (ਦੀ ਧੂੜ) ਦੀ ਤਾਂਘ ਰੱਖਦਾ ਹਾਂ ॥੧॥
50789	1178	ਗੋਬਿੰਦ ਜੀਉ ਸਤਸੰਗਤਿ ਮੇਲਿ ਕਰਿ ਕ੍ਰਿਪਛੇ॥	ਕ੍ਰਿਪ-ਛੇ	Gobindh Jeeo Sathasangath Mael Kar Kirapashhae ||	O Dear Lord of the Universe, please be merciful and unite me with the Sat Sangat, the True Congregation.	ਹੇ ਗੋਬਿੰਦ ਜੀ! (ਮੇਰੇ ਉਤੇ) ਮਿਹਰ ਕਰ (ਮੈਨੂੰ ਸਾਧ-) ਸੰਗਤ ਵਿਚ ਮਿਲਾ।
50790	1178	ਜਨਮ ਜਨਮ ਕੇ ਕਿਲਵਿਖ ਮਲੁ ਭਰਿਆ ਮਿਲਿ ਸੰਗਤਿ ਕਰਿ ਪ੍ਰਭ ਹਨਛੇ॥੧॥ਰਹਾਉ॥	ਹਨ-ਛੇ	Janam Janam Kae Kilavikh Mal Bhariaa Mil Sangath Kar Prabh Hanashhae ||1|| Rehaao ||	I was overflowing with the filthy sins of countless past lives. But joining the Sangat, God made me pure again. ||1||Pause||	ਮੈਂ ਅਨੇਕਾਂ ਜਨਮਾਂ ਦੇ ਪਾਪਾਂ ਦੀ ਮੈਲ ਨਾਲ ਲਿੱਬੜਿਆ ਹੋਇਆ ਹਾਂ। ਹੇ ਪ੍ਰਭੂ! (ਮੈਨੂੰ ਸਾਧ-) ਸੰਗਤ ਵਿਚ ਮਿਲਾ ਕੇ ਸੁੱਚੇ ਜੀਵਨ ਵਾਲਾ ਬਣਾ ॥੧॥ ਰਹਾਉ ॥
50791	1178	ਤੁਮ੍ਹਰਾ ਜਨੁ ਜਾਤਿ ਅਵਿਜਾਤਾ ਹਰਿ ਜਪਿਓ ਪਤਿਤ ਪਵੀਛੇ॥	(ਜਾਤਿ) ਚੰਗੀ ਜਾਤ, (ਅਵਿਜਾਤਾ) ਨੀਵੀਂ ਜਾਤ। (ਪ-ਵੀਛੇ) ਪਵਿੱਤ੍ਰ	Thumharaa Jan Jaath Avijaathaa Har Japiou Pathith Paveeshhae ||	Your humble servant, whether of high class or low class, O Lord - by meditating on You, the sinner becomes pure.	ਹੇ ਹਰੀ! ਤੇਰਾ ਸੇਵਕ ਉੱਚੀ ਜਾਤਿ ਦਾ ਹੋਵੇ ਚਾਹੇ ਨੀਵੀਂ ਜਾਤਿ ਦਾ, ਵਿਕਾਰੀਆਂ ਤੋਂ ਪਵਿੱਤਰ ਕਰਨ ਵਾਲਾ ਤੇਰਾ ਨਾਮ ਜਿਸ ਨੇ ਜਪਿਆ ਹੈ,

50792	1178	ਹਰਿ ਕੀਓ ਸਗਲ ਭਵਨ ਤੇ ਊਪਰਿ ਹਰਿ ਸੋਭਾ ਹਰਿ ਪ੍ਰਭ ਦਿਨਛੇ॥੨॥	ਦਿਨ-ਛੇ	Har Keeou Sagal Bhavan Thae Oopar Har Sobhaa Har Prabh Dhinashhae ||2||	The Lord exalts and elevates him above the whole world, and the Lord God blesses him with the Lord's Glory. ||2||	ਹੇ ਹਰੀ! ਤੂੰ ਉਸ ਨੂੰ ਸਾਰੇ ਜਗਤ ਦੇ ਜੀਵਾਂ ਤੋਂ ਉੱਚਾ ਕਰ ਦਿੱਤਾ। ਹੇ ਪ੍ਰਭੂ! ਤੂੰ ਉਸ ਨੂੰ (ਲੋਕ ਪਰਲੋਕ ਦੀ) ਵਡਿਆਈ ਬਖ਼ਸ਼ ਦਿੱਤੀ ॥੨॥
50793	1178	ਜਾਤਿ ਅਜਾਤਿ ਕੋਈ ਪ੍ਰਭ ਧਿਆਵੈ ਸਭਿ ਪੂਰੇ ਮਾਨਸ ਤਿਨਛੇ॥	ਤਿਨ-ਛੇ	Jaath Ajaath Koee Prabh Dhhiaavai Sabh Poorae Maanas Thinashhae ||	Anyone who meditates on God, whether of high class or low class, will have all of his hopes and desires fulfilled.	ਉੱਚੀ ਜਾਤਿ ਦਾ ਹੋਵੇ ਚਾਹੇ ਨੀਵੀਂ ਜਾਤਿ ਦਾ, ਜਿਹੜਾ ਜਿਹੜਾ ਭੀ ਮਨੁੱਖ ਪ੍ਰਭੂ ਦਾ ਨਾਮ ਸਿਮਰਦਾ ਹੈ, ਉਹਨਾਂ ਦੇ ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ।
50794	1178	ਸੇ ਧੰਨਿ ਵਡੇ ਵਡ ਪੂਰੇ ਹਰਿ ਜਨ ਜਿਨ੍ ਹਰਿ ਧਾਰਿਓ ਹਰਿ ਉਰਛੇ॥੩॥	ਉਰ-ਛੇ	Sae Dhhann Vaddae Vadd Poorae Har Jan Jinh Har Dhhaariou Har Ourashhae ||3||	Those humble servants of the Lord who enshrine the Lord within their hearts, are blessed, and are made great and totally perfect. ||3||	ਪ੍ਰਭੂ ਦੇ ਜਿਨ੍ਹਾਂ ਸੇਵਕਾਂ ਨੇ ਹਰੀ-ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾ ਲਿਆ, ਉਹ ਭਾਗਾਂ ਵਾਲੇ ਹਨ, ਉਹ ਸਭਨਾਂ ਤੋਂ ਵੱਡੇ ਹਨ, ਉਹ ਪੂਰਨ ਪੁਰਖ ਹਨ ॥੩॥
50795	1178	ਹਮ ਢੀਂਢੇ ਢੀਮ ਬਹੁਤੁ ਅਤਿ ਭਾਰੀ ਹਰਿ ਧਾਰਿ ਕ੍ਰਿਪਾ ਪ੍ਰਭ ਮਿਲਛੇ॥	ਮਿਲ-ਛੇ	Ham Dteenadtae Dteem Bahuth Ath Bhaaree Har Dhhaar Kirapaa Prabh Milashhae ||	I am so low, I am an utterly heavy lump of clay. Please shower Your Mercy on me, Lord, and unite me with Yourself.	ਹੇ ਹਰੀ! ਅਸੀਂ ਜੀਵ ਨੀਚ ਹਾਂ, ਅਸੀਂ ਮੂਰਖ ਹਾਂ, ਅਸੀਂ ਪਾਪਾਂ ਦੇ ਭਾਰ ਨਾਲ ਦੱਬੇ ਪਏ ਹਾਂ। ਹੇ ਹਰੀ! ਮਿਹਰ ਕਰ, ਸਾਨੂੰ ਮਿਲ।

50796	1178	ਜਨ ਨਾਨਕ ਗੁਰੁ ਪਾਇਆ ਹਰਿ ਤੂਠੇ ਹਮ ਕੀਏ ਪਤਿਤ ਪਵੀਛੇ॥੪॥੨॥੪॥		Jan Naanak Gur Paaeiaa Har Thoothae Ham Keeeae Pathith Paveeshhae ||4||2||4||	The Lord, in His Mercy, has led servant Nanak to find the Guru; I was a sinner, and now I have become immaculate and pure. ||||4||2||4||	ਹੇ ਦਾਸ ਨਾਨਕ! ਪ੍ਰਭੂ ਦਇਆਵਾਨ ਹੋਇਆ, ਸਾਨੂੰ ਗੁਰੂ ਮਿਲ ਪਿਆ, (ਗੁਰੂ ਨੇ) ਸਾਨੂੰ ਵਿਕਾਰੀਆਂ ਤੋਂ ਪਵਿੱਤਰ ਬਣਾ ਦਿੱਤਾ ॥੪॥੨॥੪॥
50797	1178	ਬਸੰਤੁ ਹਿੰਡੋਲ ਮਹਲਾ ੪॥		Basanth Hinddol Mehalaa 4 ||	Basant Hindol, Fourth Mehl:	
50798	1178	ਮੇਰਾ ਇਕੁ ਖਿਨੁ ਮਨੂਆ ਰਹਿ ਨ ਸਕੈ ਨਿਤ ਹਰਿ ਹਰਿ ਨਾਮ ਰਸਿ ਗੀਧੇ॥		Maeraa Eik Khin Manooaa Rehi N Sakai Nith Har Har Naam Ras Geedhhae ||	My mind cannot survive, even for an instant, without the Lord. I drink in continually the sublime essence of the Name of the Lord, Har, Har.	(ਜਦੋਂ ਤੋਂ ਮੈਨੂੰ ਗੁਰੂ ਮਿਲਿਆ ਹੈ, ਤਦੋਂ ਤੋਂ) ਮੇਰਾ ਮਨ ਸਦਾ ਪਰਮਾਤਮਾ ਦੇ ਨਾਮ ਦੇ ਸੁਆਦ ਵਿਚ ਮਸਤ ਰਹਿੰਦਾ ਹੈ, ਹੁਣ ਇਹ ਮਨ ਇਕ ਖਿਨ ਵਾਸਤੇ ਭੀ (ਉਸ ਸੁਆਦ ਤੋਂ ਬਿਨਾ) ਰਹਿ ਨਹੀਂ ਸਕਦਾ;
50799	1178	ਜਿਉ ਬਾਰਿਕੁ ਰਸਕਿ ਪਰਿਓ ਥਨਿ ਮਾਤਾ ਥਨਿ ਕਾਢੇ ਬਿਲਲ ਬਿਲੀਧੇ॥੧॥		Jio Baarik Rasak Pariou Thhan Maathaa Thhan Kaadtae Bilal Bileedhhae ||1||	It is like a baby, who joyfully sucks at his mother's breast; when the breast is withdrawn, he weeps and cries. ||1||	ਜਿਵੇਂ ਛੋਟਾ ਬਾਲ ਬੜੇ ਸੁਆਦ ਨਾਲ ਆਪਣੀ ਮਾਂ ਦੇ ਥਣ ਨੂੰ ਚੰਬੜਦਾ ਹੈ, ਪਰ ਜੇ ਥਣ (ਉਸ ਦੇ ਮੂੰਹ ਵਿਚੋਂ) ਕੱਢ ਲਈਏ ਤਾਂ ਉਹ ਵਿਲਕਣ ਲੱਗ ਪੈਂਦਾ ਹੈ ॥੧॥

50800	1178	ਗੋਬਿੰਦ ਜੀਉ ਮੇਰੇ ਮਨ ਤਨ ਨਾਮ ਹਰਿ ਬੀਧੇ॥		Gobindh Jeeo Maerae Man Than Naam Har Beedhhae ||	O Dear Lord of the Universe, my mind and body are pierced through by the Name of the Lord.	ਹੇ ਗੋਬਿੰਦ ਜੀ! ਹੇ ਹਰੀ! (ਗੁਰੂ ਦੀ ਮਿਹਰ ਨਾਲ) ਮੇਰਾ ਮਨ ਮੇਰਾ ਤਨ ਤੇਰੇ ਨਾਮ ਵਿਚ ਵਿੱਝ ਗਏ ਹਨ।
50801	1178	ਵਡੈਭਾਗਿ ਗੁਰੁ ਸਤਿਗੁਰੁ ਪਾਇਆ ਵਿਚਿ ਕਾਇਆ ਨਗਰ ਹਰਿ ਸੀਧੇ॥੧॥ਰਹਾਉ॥		Vaddai Bhaag Gur Sathigur Paaeiaa Vich Kaaeiaa Nagar Har Seedhhae ||1|| Rehaao ||	By great good fortune, I have found the Guru, the True Guru, and in the body-village, the Lord has revealed Himself. ||1||Pause||	ਵੱਡੀ ਕਿਸਮਤ ਨਾਲ ਮੈਨੂੰ ਗੁਰੂ ਸਤਿਗੁਰੂ ਮਿਲ ਪਿਆ ਹੈ। (ਗੁਰੂ ਦੀ ਕਿਰਪਾ ਨਾਲ ਹੁਣ ਮੈਂ) ਆਪਣੇ ਸਰੀਰ-ਨਗਰ ਵਿਚ ਹੀ ਪਰਮਾਤਮਾ ਨੂੰ ਲੱਭ ਲਿਆ ਹੈ ॥੧॥ ਰਹਾਉ ॥
50802	1179	ਜਨ ਕੇ ਸਾਸ ਸਾਸ ਹੈ ਜੇਤੇ ਹਰਿ ਬਿਰਹਿ ਪ੍ਰਭੂ ਹਰਿ ਬੀਧੇ॥		Jan Kae Saas Saas Hai Jaethae Har Birehi Prabhoo Har Beedhhae ||	Each and every breath of the Lord's humble servant is pierced through with love of the Lord God.	ਪਰਮਾਤਮਾ ਦੇ ਭਗਤ (ਦੀ ਉਮਰ) ਦੇ ਜਿਤਨੇ ਭੀ ਸਾਹ ਹੁੰਦੇ ਹਨ, ਉਹ ਸਾਰੇ ਪਰਮਾਤਮਾ ਦੇ ਬਿਰਹੋਂ ਵਿਚ ਵਿੱਝੇ ਰਹਿੰਦੇ ਹਨ।
50803	1179	ਜਿਉ ਜਲ ਕਮਲ ਪ੍ਰੀਤਿ ਅਤਿ ਭਾਰੀ ਬਿਨੁ ਜਲ ਦੇਖੇ ਸੁਕਲੀਧੇ॥੨॥	ਪੰਖੜੀਆਂ (ਸੁੱਕ-ਲੀਧੇ) ਸੁੱਕ ਜਾਂਦੀਆਂ ਹਨ	Jio Jal Kamal Preeth Ath Bhaaree Bin Jal Dhaekhae Sukaleedhhae ||2||	As the lotus is totally in love with the water and withers away without seeing the water, so am I in love with the Lord. ||2||	ਜਿਵੇਂ ਕੌਲ ਫੁੱਲ ਅਤੇ ਪਾਣੀ ਦਾ ਬੜਾ ਡੂੰਘਾ ਪਿਆਰ ਹੁੰਦਾ ਹੈ, ਪਾਣੀ ਦਾ ਦਰਸਨ ਕਰਨ ਤੋਂ ਬਿਨਾ ਕੌਲ-ਫੁੱਲ ਸੁੱਕ ਜਾਂਦਾ ਹੈ (ਇਹੀ ਹਾਲ ਹੁੰਦਾ ਹੈ ਭਗਤ ਜਨਾਂ ਦਾ) ॥੨॥

50804	1179	ਜਨ ਜਪਿਓ ਨਾਮੁ ਨਿਰੰਜਨੁ ਨਰਹਰਿ ਉਪਦੇਸਿ ਗੁਰੂ ਹਰਿ ਪ੍ਰੀਧੇ॥		Jan Japiou Naam Niranjan Narehar Oupadhaes Guroo Har Preedhhae ||	The Lord's humble servant chants the Immaculate Naam, the Name of the Lord; through the Guru's Teachings, the Lord reveals Himself.	ਪਰਮਾਤਮਾ ਦੇ ਸੇਵਕ ਪਰਮਾਤਮਾ ਦਾ ਪਵਿੱਤਰ ਨਾਮ (ਸਦਾ) ਜਪਦੇ ਹਨ। ਗੁਰੂ ਨੇ (ਆਪਣੇ) ਉਪਦੇਸ਼ ਨਾਲ ਉਹਨਾਂ ਨੂੰ ਪਰਮਾਤਮਾ ਸਾਹਮਣੇ (ਹਰ ਥਾਂ ਵੱਸਦਾ) ਵਿਖਾ ਦਿੱਤਾ ਹੁੰਦਾ ਹੈ।
50805	1179	ਜਨਮ ਜਨਮ ਕੀ ਹਉਮੈ ਮਲੁ ਨਿਕਸੀ ਹਰਿ ਅੰਮ੍ਰਿਤਿ ਹਰਿ ਜਲਿ ਨੀਧੇ॥੩॥		Janam Janam Kee Houmai Mal Nikasee Har Anmrith Har Jal Needhhae ||3||	The filth of egotism which stained me for countless lifetimes has been washed away, by the Ambrosial Water of the Ocean of the Lord. ||3||	(ਨਾਮ ਦੀ ਬਰਕਤਿ ਨਾਲ ਉਹਨਾਂ ਦੇ ਅੰਦਰੋਂ) ਜਨਮਾਂ ਜਨਮਾਂਤਰਾਂ ਦੀ ਹਉਮੈ ਦੀ ਮੈਲ ਦੂਰ ਹੋ ਜਾਂਦੀ ਹੈ। ਉਹ ਆਤਮਕ ਜੀਵਨ ਦੇਣ ਵਾਲੇ ਹਰਿ ਨਾਮ-ਜਲ ਵਿਚ (ਸਦਾ) ਇਸ਼ਨਾਨ ਕਰਦੇ ਰਹਿੰਦੇ ਹਨ ॥੩॥
50806	1179	ਹਮਰੇ ਕਰਮ ਨ ਬਿਚਰਹੁ ਠਾਕੁਰ ਤੁਮ੍ ਪੈਜ ਰਖਹੁ ਅਪਨੀਧੇ॥	(ਅਪ–ਨੀਧੇ) ਆਪਣੇ ਜਾਣ ਕੇ	Hamarae Karam N Bicharahu Thaakur Thumh Paij Rakhahu Apaneedhhae ||	Please, do not take my karma into account, O my Lord and Master; please save the honor of Your slave.	ਹੇ ਮਾਲਕ-ਪ੍ਰਭੂ! ਅਸਾਂ ਜੀਵਾਂ ਦੇ (ਚੰਗੇ ਮੰਦੇ) ਕਰਮ ਨਾਹ ਵਿਚਾਰਨੇ; ਆਪਣੇ ਸੇਵਕ-ਦਾਸ ਦੀ ਤੁਸਾਂ ਆਪ ਇੱਜ਼ਤ ਰੱਖਣੀ।

50807	1179	ਹਰਿ ਭਾਵੈ ਸੁਣਿ ਬਿਨਉ ਬੇਨਤੀ ਜਨ ਨਾਨਕ ਸਰਣਿ ਪਵੀਧੇ॥੪॥੩॥੫॥		Har Bhaavai Sun Bino Baenathee Jan Naanak Saran Paveedhhae ||4||3||5||	O Lord, if it pleases You, hear my prayer; servant Nanak seeks Your Sanctuary. ||4||3||5||	ਹੇ ਹਰੀ! ਜਿਵੇਂ ਤੈਨੂੰ ਭਾਵੈ ਮੇਰੀ ਬੇਨਤੀ-ਅਰਜ਼ੋਈ ਸੁਣ, ਮੈਂ ਦਾਸ ਨਾਨਕ ਤੇਰੀ ਸਰਨ ਪਿਆਂ ਹਾਂ ॥੪॥੩॥੫॥
50808	1179	ਬਸੰਤੁ ਹਿੰਡੋਲ ਮਹਲਾ ੪॥		Basanth Hinddol Mehalaa 4 ||	Basant Hindol, Fourth Mehl:	
50809	1179	ਮਨੁ ਖਿਨੁ ਖਿਨੁ ਭਰਮਿ ਭਰਮਿ ਬਹੁ ਧਾਵੈ ਤਿਲੁ ਘਰਿ ਨਹੀ ਵਾਸਾ ਪਾਈਐ॥		Man Khin Khin Bharam Bharam Bahu Dhhaavai Thil Ghar Nehee Vaasaa Paaeeai ||	Each and every moment, my mind roams and rambles, and runs all over the place. It does not stay in its own home, even for an instant.	(ਮਨੁੱਖ ਦਾ) ਮਨ ਹਰੇਕ ਖਿਨ ਭਟਕ ਭਟਕ ਕੇ (ਮਾਇਆ ਦੀ ਖ਼ਾਤਰ) ਬਹੁਤ ਦੌੜਦਾ ਫਿਰਦਾ ਹੈ, ਇਸ ਤਰ੍ਹਾਂ ਇਹ ਰਤਾ ਭਰ ਸਮੇ ਲਈ ਭੀ ਆਪਣੇ ਸਰੀਰ-ਘਰ ਵਿਚ (ਸ੍ਵੈ ਸਰੂਪ ਵਿਚ) ਟਿਕ ਨਹੀਂ ਸਕਦਾ।

50810	1179	ਗੁਰਿ ਅੰਕਸੁ ਸਬਦੁ ਦਾਰੂ ਸਿਰਿ ਧਾਰਿਓ ਘਰਿ ਮੰਦਰਿ ਆਣਿ ਵਸਾਈਐ॥੧॥		Gur Ankas Sabadh Dhaaroo Sir Dhhaariou Ghar Mandhar Aan Vasaaeeai ||1||	But when the bridle of the Shabad, the Word of God, is placed over its head, it returns to dwell in its own home. ||1||	(ਗੁਰੂ ਦਾ) ਸ਼ਬਦ (ਮਨ ਦੀ ਭਟਕਣਾ ਦੂਰ ਕਰਨ ਲਈ) ਦਵਾਈ (ਹੈ। ਜਿਵੇਂ ਮਹਾਵਤ ਹਾਥੀ ਨੂੰ ਵੱਸ ਵਿਚ ਰੱਖਣ ਲਈ ਲੋਹੇ ਦਾ ਡੰਡਾ ਉਸ ਦੇ ਸਿਰ ਉਤੇ ਮਾਰਦਾ ਹੈ, ਤਿਵੇਂ) ਗੁਰੂ ਨੇ (ਜਿਸ ਮਨੁੱਖ ਦੇ) ਸਿਰ ਉੱਤੇ ਆਪਣਾ ਸ਼ਬਦ-ਅੰਕਸ਼ ਰੱਖ ਦਿੱਤਾ, ਉਸ ਦੇ ਮਨ ਨੂੰ ਹਿਰਦੇ-ਘਰ ਵਿਚ ਹਿਰਦੇ-ਮੰਦਰ ਵਿਚ ਲਿਆ ਕੇ ਟਿਕਾ ਦਿੱਤਾ ॥੧॥
50811	1179	ਗੋਬਿੰਦ ਜੀਉ ਸਤਸੰਗਤਿ ਮੇਲਿ ਹਰਿ ਧਿਆਈਐ॥		Gobindh Jeeo Sathasangath Mael Har Dhhiaaeeai ||	O Dear Lord of the Universe, lead me to join the Sat Sangat, the True Congregation, so that I may meditate on You, Lord.	ਹੇ ਗੋਬਿੰਦ ਜੀ! (ਮੈਨੂੰ) ਸਾਧ ਸੰਗਤ ਵਿਚ ਮਿਲਾ। (ਸਾਧ ਸੰਗਤ ਵਿਚ ਮਿਲ ਕੇ) ਹੇ ਹਰੀ! (ਤੇਰਾ ਨਾਮ) ਸਿਮਰਿਆ ਜਾ ਸਕਦਾ ਹੈ।
50812	1179	ਹਉਮੈ ਰੋਗੁ ਗਇਆ ਸੁਖੁ ਪਾਇਆ ਹਰਿ ਸਹਜਿ ਸਮਾਧਿ ਲਗਾਈਐ॥੧॥ਰਹਾਉ॥	ਗ-ਇਆ	Houmai Rog Gaeiaa Sukh Paaeiaa Har Sehaj Samaadhh Lagaaeeai ||1|| Rehaao ||	I am cured of the disease of egotism, and I have found peace; I have intuitively entered into the state of Samaadhi. ||1||Pause||	ਹੇ ਹਰੀ! ਜਿਹੜਾ ਮਨੁੱਖ (ਸਾਧ ਸੰਗਤ ਦੀ ਬਰਕਤਿ ਨਾਲ) ਆਤਮਕ ਅਡੋਲਤਾ ਵਿਚ ਸੁਰਤ ਜੋੜਦਾ ਹੈ, ਉਸ ਦਾ ਹਉਮੈ ਦਾ ਰੋਗ ਦੂਰ ਹੋ ਜਾਂਦਾ ਹੈ, ਉਹ ਆਤਮਕ ਆਨੰਦ ਮਾਣਦਾ ਹੈ ॥੧॥ ਰਹਾਉ ॥

50813	1179	ਘਰਿ ਰਤਨ ਲਾਲ ਬਹੁ ਮਾਣਕ ਲਾਦੇ ਮਨੁ ਭ੍ਰਮਿਆ ਲਹਿ ਨ ਸਕਾਈਐ॥		Ghar Rathan Laal Bahu Maanak Laadhae Man Bhramiaa Lehi N Sakaaeeai ||	This house is loaded with countless gems, jewels, rubies and emeralds, but the wandering mind cannot find them.	(ਹਰੇਕ ਮਨੁੱਖ ਦੇ ਹਿਰਦੇ-) ਘਰ ਵਿਚ (ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ) ਅਨੇਕਾਂ ਰਤਨ ਲਾਲ ਮੋਤੀ ਭਰੇ ਪਏ ਹਨ। (ਪਰ ਜਦ ਤਕ) ਮਨ (ਮਾਇਆ ਦੀ ਖ਼ਾਤਰ) ਭਟਕਦਾ ਫਿਰਦਾ ਹੈ, ਤਦ ਤਕ ਉਹਨਾਂ ਨੂੰ ਲੱਭ ਨਹੀਂ ਸਕੀਦਾ।
50814	1179	ਜਿਉ ਓਡਾ ਕੂਪੁ ਗੁਹਜ ਖਿਨ ਕਾਢੈ ਤਿਉ ਸਤਿਗੁਰਿ ਵਸਤੁ ਲਹਾਈਐ॥੨॥	(ਓਡਾ) ਸੁੰਘਾ, ਸੁੰਘ ਕੇ, (ਗੁਹਜ) ਗੁਪਤ , (ਕੂਪੁ) ਖੂਹ, (ਕਾਢੈ) ਪ੍ਰਗਟ ਕਰ ਦਿੰਦਾ। ਸੁੰਘੇ ਗੁਰਸੇਵਕ ਬਣ ਕੇ, ਪੂਰਨ ਗੁਰੂ ਜੀ ਤੋਂ ਨਾਮੁ ਪ੍ਰਾਪਤਿ ਕਰੋ ਜੀ	Jio Ouddaa Koop Guhaj Khin Kaadtai Thio Sathigur Vasath Lehaaeeai ||2||	As the water-diviner finds the hidden water, and the well is then dug in an instant, so do we find the object of the Name through the True Guru. ||2||	ਜਿਵੇਂ ਕੋਈ ਸੇਂਘਾ (ਧਰਤੀ ਵਿਚ) ਦੱਬਿਆ ਹੋਇਆ (ਪੁਰਾਣਾ) ਖੂਹ ਤੁਰਤ ਲੱਭ ਲੈਂਦਾ ਹੈ, ਤਿਵੇਂ (ਮਨੁੱਖ ਦੇ ਅੰਦਰ ਹੀ ਲੁਕਿਆ ਹੋਇਆ) ਨਾਮ-ਪਦਾਰਥ ਗੁਰੂ ਦੀ ਰਾਹੀਂ ਲੱਭ ਪੈਂਦਾ ਹੈ ॥੨॥
50815	1179	ਜਿਨ ਐਸਾ ਸਤਿਗੁਰੁ ਸਾਧੁ ਨ ਪਾਇਆ ਤੇ ਧ੍ਰਿਗੁ ਧ੍ਰਿਗੁ ਨਰ ਜੀਵਾਈਐ॥		Jin Aisaa Sathigur Saadhh N Paaeiaa Thae Dhhrig Dhhrig Nar Jeevaaeeai ||	Those who do not find such a Holy True Guru - cursed, cursed are the lives of those people.	ਜਿਨ੍ਹਾਂ ਮਨੁੱਖਾਂ ਨੇ ਸਾਧੇ ਹੋਏ ਮਨ ਵਾਲਾ ਇਹੋ ਜਿਹਾ ਗੁਰੂ ਨਹੀਂ ਲੱਭਾ, ਉਹਨਾਂ ਮਨੁੱਖਾਂ ਦਾ ਜੀਊਣਾ ਸਦਾ ਫਿਟਕਾਰ-ਜੋਗ ਹੀ ਹੁੰਦਾ ਹੈ (ਉਹ ਸਦਾ ਅਜਿਹੇ ਕੰਮ ਹੀ ਕਰਦੇ ਹਨ ਕਿ ਉਹਨਾਂ ਨੂੰ ਜਗਤ ਵਿਚ ਫਿਟਕਾਰਾਂ ਪੈਂਦੀਆਂ ਰਹਿੰਦੀਆਂ ਹਨ)।

50816	1179	ਜਨਮੁ ਪਦਾਰਥੁ ਪੁੰਨਿ ਫਲੁ ਪਾਇਆ ਕਉਡੀ ਬਦਲੈ ਜਾਈਐ॥੩॥		Janam Padhaarathh Punn Fal Paaeiaa Kouddee Badhalai Jaaeeai ||3||	The treasure of this human life is obtained when one's virtues bear fruit, but it is lost in exchange for a mere shell. ||3||	(ਅਜਿਹੇ ਮਨੁੱਖਾਂ ਨੇ) ਕੀਮਤੀ ਮਨੁੱਖਾ ਜਨਮ ਪਿਛਲੀ ਕੀਤੀ ਨੇਕ ਕਮਾਈ ਦੇ ਕਾਰਨ ਫਲ ਵਜੋਂ ਪ੍ਰਾਪਤ ਕੀਤਾ ਸੀ, ਪਰ ਹੁਣ ਉਹ ਜਨਮ ਕੌਡੀ ਦੇ ਭਾ (ਅਜਾਈਂ) ਜਾ ਰਿਹਾ ਹੈ ॥੩॥
50817	1179	ਮਧੁਸੂਦਨ ਹਰਿ ਧਾਰਿ ਪ੍ਰਭ ਕਿਰਪਾ ਕਰਿ ਕਿਰਪਾ ਗੁਰੂ ਮਿਲਾਈਐ॥		Madhhusoodhan Har Dhhaar Prabh Kirapaa Kar Kirapaa Guroo Milaaeeai ||	O Lord God, please be merciful to me; be merciful, and lead me to meet the Guru.	ਹੇ ਦੁਸ਼ਟ-ਦਮਨ ਹਰੀ! ਹੇ ਪ੍ਰਭੂ! (ਮੇਰੇ ਉਤੇ) ਮਿਹਰ ਕਰ। ਕਿਰਪਾ ਕਰ ਕੇ (ਮੈਨੂੰ) ਗੁਰੂ ਮਿਲਾ।
50818	1179	ਜਨ ਨਾਨਕ ਨਿਰਬਾਣ ਪਦੁ ਪਾਇਆ ਮਿਲਿ ਸਾਧੂ ਹਰਿ ਗੁਣ ਗਾਈਐ॥੪॥੪॥੬॥		Jan Naanak Nirabaan Padh Paaeiaa Mil Saadhhoo Har Gun Gaaeeai ||4||4||6||	Servant Nanak has attained the state of Nirvaanaa; meeting with the Holy people, he sings the Glorious Praises of the Lord. ||4||4||6||	ਦਾਸ ਨਾਨਕ ਆਖਦਾ ਹੈ- (ਜਿਹੜਾ ਮਨੁੱਖ) ਗੁਰੂ ਨੂੰ ਮਿਲ ਕੇ ਪਰਮਾਤਮਾ ਦੇ ਗੁਣ ਗਾਂਦਾ ਹੈ, ਉਹ ਮਨੁੱਖ ਉਹ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ ਜਿੱਥੇ ਕੋਈ ਵਾਸਨਾ ਪੋਹ ਨਹੀਂ ਸਕਦੀ ॥੪॥੪॥੬॥
50819	1179	ਬਸੰਤੁ ਹਿੰਡੋਲ ਮਹਲਾ ੪॥		Basanth Hinddol Mehalaa 4 ||	Basant Hindol, Fourth Mehl:	

50820	1179	ਆਵਣ ਜਾਣੁ ਭਇਆ ਦੁਖੁ ਬਿਖਿਆ ਦੇਹ ਮਨਮੁਖ ਸੁੰਞੀ ਸੁੰਞੂ॥		Aavan Jaan Bhaeiaa Dhukh Bikhiaa Dhaeh Manamukh Sunnjee Sunnj ||	Coming and going, he suffers the pains of vice and corruption; the body of the self-willed manmukh is desolate and vacant.	ਮਾਇਆ (ਦੇ ਮੋਹ) ਦੇ ਕਾਰਨ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਦਾ ਜਨਮ ਮਰਨ ਦਾ ਗੇੜ ਬਣਿਆ ਰਹਿੰਦਾ ਹੈ ਉਹਨਾਂ ਨੂੰ ਕਲੇਸ਼ ਵਾਪਰਿਆ ਰਹਿੰਦਾ ਹੈ, ਉਹਨਾਂ ਦਾ ਸਰੀਰ ਨਾਮ ਤੋਂ ਸੱਖਣਾ ਰਹਿੰਦਾ ਹੈ, ਉਹਨਾਂ ਦੇ ਅੰਦਰ ਨਾਮ ਵਲੋਂ ਸੁੰਞ ਬਣੀ ਰਹਿੰਦੀ ਹੈ।
50821	1179	ਰਾਮ ਨਾਮੁ ਖਿਨੁ ਪਲੁ ਨਹੀ ਚੇਤਿਆ ਜਮਿ ਪਕਰੇ ਕਾਲਿ ਸਲੁੰਞੂ॥੧॥	(ਸਲੁੰਞੂ) ਜੁੰਡੇ	Raam Naam Khin Pal Nehee Chaethiaa Jam Pakarae Kaal Salunnj ||1||	He does not dwell on the Lord's Name, even for an instant, and so the Messenger of Death seizes him by his hair. ||1||	ਉਹ ਮਨੁੱਖ ਪਰਮਾਤਮਾ ਦਾ ਨਾਮ ਇਕ ਖਿਨ ਲਈ ਇਕ ਪਲ ਲਈ ਭੀ ਯਾਦ ਨਹੀਂ ਕਰਦੇ। ਆਤਮਕ ਮੌਤ ਨੇ ਹਰ ਵੇਲੇ ਉਹਨਾਂ ਨੂੰ ਸਿਰੋਂ ਫੜਿਆ ਹੋਇਆ ਹੁੰਦਾ ਹੈ ॥੧॥
50822	1179	ਗੋਬਿੰਦ ਜੀਉ ਬਿਖੁ ਹਉਮੈ ਮਮਤਾ ਮੁੰਞੂ॥		Gobindh Jeeo Bikh Houmai Mamathaa Munnj ||	O Dear Lord of the Universe, please rid me of the poison of egotism and attachment.	ਹੇ (ਮੇਰੇ) ਗੋਬਿੰਦ ਜੀ! (ਮੇਰੇ ਅੰਦਰੋਂ ਆਤਮਕ ਮੌਤ ਲਿਆਉਣ ਵਾਲੀ) ਹਉਮੈ ਅਤੇ ਮਮਤਾ ਦੀ ਜ਼ਹਰ ਦੂਰ ਕਰ।

50823	1179	ਸਤਸੰਗਤਿ ਗੁਰ ਕੀ ਹਰਿ ਪਿਆਰੀ ਮਿਲਿ ਸੰਗਤਿ ਹਰਿ ਰਸੁ ਭੁੰਞੂ॥੧॥ਰਹਾਉ॥		Sathasangath Gur Kee Har Piaaree Mil Sangath Har Ras Bhunnj ||1|| Rehaao ||	The Sat Sangat, Guru's True Congregation is so dear to the Lord. So join the Sangat, and taste the sublime essence of the Lord. ||1||Pause||	ਹੇ ਹਰੀ! ਸਾਧ ਸੰਗਤ ਤੇਰੀ ਪਿਆਰੀ ਹੈ ਗੁਰੂ ਦੀ ਪਿਆਰੀ ਹੈ। (ਮਿਹਰ ਕਰ) ਮੈਂ ਸਾਧ ਸੰਗਤ ਵਿਚ ਮਿਲ ਕੇ ਤੇਰੇ ਨਾਮ ਦਾ ਰਸ ਮਾਣਦਾ ਰਹਾਂ ॥੧॥ ਰਹਾਉ ॥
50824	1179	ਸਤਸੰਗਤਿ ਸਾਧ ਦਇਆ ਕਰਿ ਮੇਲਹੁ ਸਰਣਾਗਤਿ ਸਾਧੂ ਪੰਞੂ॥	ਸਰ-ਣਾਗਤਿ	Sathasangath Saadhh Dhaeiaa Kar Maelahu Saranaagath Saadhhoo Pannj ||	Please be kind to me, and unite me with the Sat Sangat, the True Congregation of the Holy; I seek the Sanctuary of the Holy.	ਹੇ ਪ੍ਰਭੂ! ਮਿਹਰ ਕਰ ਕੇ (ਮੈਨੂੰ) ਗੁਰੂ ਦੀ ਸਤ ਸੰਗਤ ਵਿਚ ਮਿਲਾਈ ਰੱਖ, ਮੈਂ ਗੁਰੂ ਦੀ ਸਰਨ (ਸਦਾ) ਪਿਆ ਰਹਾਂ।
50825	1179	ਹਮ ਡੁਬਦੇ ਪਾਥਰ ਕਾਢਿ ਲੇਹੁ ਪ੍ਰਭ ਤੁਮ੍ ਦੀਨ ਦਇਆਲ ਦੁਖਭੰਞੂ॥੨॥		Ham Ddubadhae Paathhar Kaadt Laehu Prabh Thumh Dheen Dhaeiaal Dhukh Bhannj ||2||	I am a heavy stone, sinking down - please lift me up and pull me out! O God, Merciful to the meek, You are the Destroyer of sorrow. ||2||	ਹੇ ਪ੍ਰਭੂ! (ਪਾਪਾਂ ਨਾਲ ਭਾਰੇ) ਪੱਥਰ (ਹੋਏ) ਅਸਾਂ ਜੀਵਾਂ ਨੂੰ (ਪਾਪਾਂ ਵਿਚ) ਡੁੱਬ ਰਿਹਾਂ ਨੂੰ ਕੱਢ ਲੈ। ਹੇ ਪ੍ਰਭੂ ਜੀ! ਤੁਸੀਂ ਦੀਨਾਂ ਉਤੇ ਦਇਆ ਕਰਨ ਵਾਲੇ ਹੋ, ਤੁਸੀਂ ਸਾਡੇ ਦੁੱਖ ਨਾਸ ਕਰਨ ਵਾਲੇ ਹੋ ॥੨॥
50826	1179	ਹਰਿ ਉਸਤਤਿ ਧਾਰਹੁ ਰਿਦ ਅੰਤਰਿ ਸੁਆਮੀ ਸਤਸੰਗਤਿ ਮਿਲਿ ਬੁਧਿ ਲੰਞੂ॥		Har Ousathath Dhhaarahu Ridh Anthar Suaamee Sathasangath Mil Budhh Lannj ||	I enshrine the Praises of my Lord and Master within my heart; joining the Sat Sangat, my intellect is enlightened.	ਹੇ ਹਰੀ! ਹੇ ਸੁਆਮੀ! (ਆਪਣੀ) ਸਿਫ਼ਤ-ਸਾਲਾਹ (ਮੇਰੇ) ਹਿਰਦੇ ਵਿਚ ਵਸਾਈ ਰੱਖ। (ਮਿਹਰ ਕਰ) ਤੇਰੀ ਸਾਧ ਸੰਗਤ ਵਿਚ ਮਿਲ ਕੇ (ਮੇਰੀ) ਅਕਲ (ਤੇਰੇ ਨਾਮ ਦੇ ਚਾਨਣ ਨਾਲ) ਰੌਸ਼ਨ ਹੋ ਜਾਏ।

50827	1179	ਹਰਿ ਨਾਮੈ ਹਮ ਪ੍ਰੀਤਿ ਲਗਾਨੀ ਹਮ ਹਰਿ ਵਿਟਹੁ ਘੁਮਿ ਵੰਞੂ॥੩॥		Har Naamai Ham Preeth Lagaanee Ham Har Vittahu Ghum Vannj ||3||	I have fallen in love with the Lord's Name; I am a sacrifice to the Lord. ||3||	ਪਰਮਾਤਮਾ ਦੇ ਨਾਮ ਵਿਚ ਮੇਰੀ ਪ੍ਰੀਤ ਬਣ ਗਈ ਹੈ, ਮੈਂ (ਹੁਣ) ਪਰਮਾਤਮਾ ਤੋਂ (ਸਦਾ) ਸਦਕੇ ਜਾਂਦਾ ਹਾਂ ॥੩॥
50828	1179	ਜਨ ਕੇ ਪੂਰਿ ਮਨੋਰਥ ਹਰਿ ਪ੍ਰਭ ਹਰਿ ਨਾਮੁ ਦੇਵਹੁ ਹਰਿ ਲੰਞੂ॥		Jan Kae Poor Manorathh Har Prabh Har Naam Dhaevahu Har Lannj ||	O Lord God, please fulfill the desires of Your humble servant; please bless me with Your Name, O Lord.	ਹੇ ਹਰੀ! ਹੇ ਪ੍ਰਭੂ! (ਮੈਂ) ਸੇਵਕ ਦੇ ਮਨੋਰਥ ਪੂਰੇ ਕਰ, ਮੈਨੂੰ ਆਪਣਾ ਨਾਮ ਬਖ਼ਸ਼, (ਤੇਰਾ ਨਾਮ ਹੀ ਮੇਰੇ ਵਾਸਤੇ) ਚਾਨਣ (ਹੈ)।
50829	1179	ਜਨ ਨਾਨਕ ਮਨਿ ਤਨਿ ਅਨਦੁ ਭਇਆ ਹੈ ਗੁਰਿ ਮੰਤ੍ਰੁ ਦੀਓ ਹਰਿ ਭੰਞੂ॥੪॥੫॥੭॥੧੨॥੧੮॥੭॥੩੭॥		Jan Naanak Man Than Anadh Bhaeiaa Hai Gur Manthra Dheeou Har Bhannj ||4||5||7||12||18||7||37||	Servant Nanak's mind and body are filled with ecstasy; the Guru has blessed him with the Mantra of the Lord's Name. ||4||5||7||12||18||7||37||	ਹੇ ਦਾਸ ਨਾਨਕ! (ਆਖ-ਜਿਸ ਮਨੁੱਖ ਨੂੰ) ਗੁਰੂ ਨੇ ਪਰਮਾਤਮਾ ਦਾ ਨਾਮ-ਮੰਤ੍ਰ ਬਖ਼ਸ਼ਿਆ ਹੈ, ਉਸ ਦੇ ਮਨ ਵਿਚ ਉਸ ਦੇ ਤਨ ਵਿਚ ਆਤਮਕ ਖਿੜਾਉ ਬਣ ਗਿਆ ॥੪॥੫॥੭॥੧੨॥੧੮॥੭॥੩੭॥
50830	1180	ਬਸੰਤੁ ਮਹਲਾ ੫ ਘਰੁ ੧ ਦੁਤੁਕੇ	ਦੁ-ਤੁਕੇ	Basanth Mehalaa 5 Ghar 1 Dhuthukae	Basant, Fifth Mehl, First House, Du-Tukay:	ਰਾਗ ਬਸੰਤੁ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਤੁਕੀ ਬਾਣੀ।
50831	1180	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

50832	1180	ਗੁਰੁ ਸੇਵਉ ਕਰਿ ਨਮਸਕਾਰ॥		Gur Saevo Kar Namasakaar ||	I serve the Guru, and humbly bow to Him.	ਮੈਂ ਗੁਰੂ ਅੱਗੇ ਸਿਰ ਨਿਵਾ ਕੇ ਗੁਰੂ ਦੀ ਸੇਵਾ ਕਰਦਾ ਹਾਂ।
50833	1180	ਆਜੁ ਹਮਾਰੈ ਮੰਗਲਚਾਰ॥		Aaj Hamaarai Mangalachaar ||	Today is a day of celebration for me.	ਹੁਣ ਮੇਰੇ ਹਿਰਦੇ ਵਿਚ ਬੜਾ ਆਨੰਦ ਬਣਿਆ ਪਿਆ ਹੈ। (ਇਹ ਸਾਰੀ ਮਿਹਰ ਗੁਰੂ ਦੀ ਹੀ ਹੈ)।
50834	1180	ਆਜੁ ਹਮਾਰੈ ਮਹਾ ਅਨੰਦ॥		Aaj Hamaarai Mehaa Anandh ||	Today I am in supreme bliss.	ਹੁਣ ਮੇਰੇ ਅੰਦਰ ਖ਼ੁਸ਼ੀਆਂ ਹੀ ਖ਼ੁਸ਼ੀਆਂ ਹਨ।
50835	1180	ਚਿੰਤ ਲਥੀ ਭੇਟੇ ਗੋਬਿੰਦ॥੧॥		Chinth Lathhee Bhaettae Gobindh ||1||	My anxiety is dispelled, and I have met the Lord of the Universe. ||1||	(ਗੁਣ ਗਾਵਨ ਦੀ ਬਰਕਤਿ ਨਾਲ) ਮੈਨੂੰ ਗੋਬਿੰਦ ਜੀ ਮਿਲ ਪਏ ਹਨ, ਮੇਰੀ ਹਰੇਕ ਚਿੰਤਾ ਦੂਰ ਹੋ ਗਈ ਹੈ ॥੧॥
50836	1180	ਆਜੁ ਹਮਾਰੈ ਗ੍ਰਿਹਿ ਬਸੰਤ॥		Aaj Hamaarai Grihi Basanth ||	Today, it is springtime in my household.	ਹੇ ਬੇਅੰਤ ਪ੍ਰਭੂ! ਤਦੋਂ ਤੋਂ ਹੁਣ ਮੇਰੇ ਹਿਰਦੇ-ਘਰ ਵਿਚ ਆਤਮਕ ਆਨੰਦ ਬਣਿਆ ਰਹਿੰਦਾ ਹੈ,
50837	1180	ਗੁਨ ਗਾਏ ਪ੍ਰਭ ਤੁਮ੍ਹ ਬੇਅੰਤ॥੧॥ਰਹਾਉ॥		Gun Gaaeae Prabh Thumh Baeanth ||1|| Rehaao ||	I sing Your Glorious Praises, O Infinite Lord God. ||1||Pause||	ਜਦੋਂ ਤੋਂ ਮੈਂ ਤੇਰੀ ਸਿਫ਼ਤ-ਸਾਲਾਹ ਦੇ ਗੀਤ ਗਾਣੇ ਸ਼ੁਰੂ ਕੀਤੇ ਹਨ ॥੧॥ ਰਹਾਉ ॥
50838	1180	ਆਜੁ ਹਮਾਰੈ ਬਨੇ ਫਾਗ॥		Aaj Hamaarai Banae Faag ||	Today, I am celebrating the festival of Phalgun.	(ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਰਕਤਿ ਨਾਲ) ਮੇਰੇ ਅੰਦਰ (ਮਾਨੋ) ਫੱਗਣ ਦੀ ਹੋਲੀ ਬਣੀ ਪਈ ਹੈ,

50839	1180	ਪ੍ਰਭ ਸੰਗੀ ਮਿਲਿ ਖੇਲਨ ਲਾਗ॥	ਖੇਲਨ	Prabh Sangee Mil Khaelan Laag ||	Joining with God's companions, I have begun to play.	ਪ੍ਰਭੂ ਦੇ ਸੰਤ ਜਨ (ਸਾਧ ਸੰਗਤ ਵਿਚ) ਮਿਲ ਕੇ (ਇਹ ਹੋਲੀ) ਖੇਡਣ ਲੱਗ ਪਏ ਹਨ।
50840	1180	ਹੋਲੀ ਕੀਨੀ ਸੰਤ ਸੇਵ॥		Holee Keenee Santh Saev ||	I celebrate the festival of Holi by serving the Saints.	(ਇਹ ਹੋਲੀ ਕੀਹ ਹੈ?) ਸੰਤ ਜਨਾਂ ਦੀ ਸੇਵਾ ਨੂੰ ਮੈਂ ਹੋਲੀ ਬਣਾਇਆ ਹੈ।
50841	1180	ਰੰਗੁ ਲਾਗਾ ਅਤਿ ਲਾਲ ਦੇਵ॥੨॥		Rang Laagaa Ath Laal Dhaev ||2||	I am imbued with the deep crimson color of the Lord's Divine Love. ||2||	(ਸੰਤ ਜਨਾਂ ਦੀ ਸੰਗਤ ਦੀ ਬਰਕਤਿ ਨਾਲ) ਮੇਰੇ ਅੰਦਰ ਪਰਮਾਤਮਾ ਦੇ ਪਿਆਰ ਦਾ ਗੂੜ੍ਹਾ (ਆਤਮਕ) ਰੰਗ ਚੜ੍ਹ ਗਿਆ ਹੈ ॥੨॥
50842	1180	ਮਨੁ ਤਨੁ ਮਉਲਿਓ ਅਤਿ ਅਨੂਪ॥	ਮਉੱਲਿਓ: ਕਸਕੇ	Man Than Mouliou Ath Anoop ||	My mind and body have blossomed forth, in utter, incomparable beauty.	(ਪ੍ਰਭੂ ਦੇ ਗੁਣ ਗਾਵਣ ਦੀ ਬਰਕਤਿ ਨਾਲ) ਮੇਰਾ ਮਨ ਸੋਹਣਾ ਖਿੜ ਪਿਆ ਹੈ ਮੇਰਾ ਤਨ ਬਹੁਤ ਸੋਹਣਾ ਖਿੜ ਪਿਆ ਹੈ।
50843	1180	ਸੂਕੈ ਨਾਹੀ ਛਾਵ ਧੂਪ॥		Sookai Naahee Shhaav Dhhoop ||	They do not dry out in either sunshine or shade;	ਹੁਣ ਸੁਖ ਹੋਣ ਚਾਹੇ ਦੁੱਖ ਹੋਣ (ਮੇਰੇ ਮਨ ਤਨ ਵਿਚ) ਆਤਮਕ ਖਿੜਾਉ ਦੀ ਤਰਾਵਤ ਕਦੇ ਮੁੱਕਦੀ ਨਹੀਂ।
50844	1180	ਸਗਲੀ ਰੂਤੀ ਹਰਿਆ ਹੋਇ॥		Sagalee Roothee Hariaa Hoe ||	They flourish in all seasons.	(ਹੁਣ ਮੇਰਾ ਮਨ) ਸਾਰੇ ਸਮਿਆਂ ਵਿਚ ਹੀ ਆਤਮਕ ਜੀਵਨ ਨਾਲ ਭਰਪੂਰ ਰਹਿੰਦਾ ਹੈ।
50845	1180	ਸਦ ਬਸੰਤ ਗੁਰ ਮਿਲੇ ਦੇਵ॥੩॥		Sadh Basanth Gur Milae Dhaev ||3||	It is always springtime, when I meet with the Divine Guru. ||3||	ਮੈਨੂੰ ਗੁਰਦੇਵ ਜੀ ਮਿਲ ਪਏ ਹਨ, ਮੇਰੇ ਅੰਦਰ ਸਦਾ ਖਿੜਾਉ ਬਣਿਆ ਰਹਿੰਦਾ ਹੈ ॥੩॥

50846	1180	ਬਿਰਖੁ ਜਮਿਓ ਹੈ ਪਾਰਜਾਤ॥		Birakh Jamiou Hai Paarajaath ||	The wish-fulfilling Elysian Tree has sprouted and grown.	(ਸਿਫ਼ਤ-ਸਾਲਾਹ ਦੀ ਬਰਕਤਿ ਨਾਲ ਮੇਰੇ ਅੰਦਰੋਂ, ਮਾਨੋ, ਸਾਰੀਆਂ ਮਨੋ-ਕਾਮਨਾ ਪੂਰੀਆਂ ਕਰਨ ਵਾਲਾ ਸਵਰਗੀ) ਪਾਰਜਾਤ ਰੁੱਖ ਉੱਗ ਪਿਆ ਹੈ,
50847	1180	ਫੂਲ ਲਗੇ ਫਲ ਰਤਨ ਭਾਂਤਿ॥		Fool Lagae Fal Rathan Bhaanth ||	It bears flowers and fruits, jewels of all sorts.	ਜਿਸ ਨੂੰ ਭਾਂਤ ਭਾਂਤ ਦੇ ਕੀਮਤੀ ਫੁੱਲ ਤੇ ਫਲ ਲੱਗੇ ਹੋਏ ਹਨ।
50848	1180	ਤ੍ਰਿਪਤਿ ਅਘਾਨੇ ਹਰਿ ਗੁਣਹ ਗਾਇ॥		Thripath Aghaanae Har Guneh Gaae ||	I am satisfied and fulfilled, singing the Glorious Praises of the Lord.	ਸਦਾ ਹਰੀ ਦੇ ਗੁਣ ਗਾ ਗਾ ਕੇ (ਮਨੁੱਖ ਮਾਇਆ ਦੇ ਮੋਹ ਵਲੋਂ) ਪੂਰਨ ਤੌਰ ਤੇ ਰੱਜ ਜਾਂਦੇ ਹਨ।
50849	1180	ਜਨ ਨਾਨਕ ਹਰਿ ਹਰਿ ਹਰਿ ਧਿਆਇ॥੪॥੧॥		Jan Naanak Har Har Har Dhhiaae ||4||1||	Servant Nanak meditates on the Lord, Har, Har, Har. ||4||1||	ਦਾਸ ਨਾਨਕ ਆਖਦਾ ਹੈ- ਹੇ ਭਾਈ! ਸਦਾ ਪਰਮਾਤਮਾ ਦਾ ਨਾਮ ਸਿਮਰ ਕੇ (ਮਾਇਆ ਦਾ ਮੋਹ ਦੂਰ ਹੁੰਦਾ ਹੈ) ॥੪॥੧॥
50850	1180	ਬਸੰਤੁ ਮਹਲਾ ੫॥		Basanth Mehalaa 5 ||	Basant, Fifth Mehl:	
50851	1180	ਹਟਵਾਣੀ ਧਨ ਮਾਲ ਹਾਟੁ ਕੀਤੁ॥		Hattavaanee Dhhan Maal Haatt Keeth ||	The shopkeeper deals in merchandise for profit.	(ਜਿਵੇਂ ਕੋਈ) ਦੁਕਾਨਦਾਰ (ਆਪਣੇ ਮਨ-ਪਸੰਦ ਦੇ) ਮਾਲ-ਧਨ ਦੀ ਦੁਕਾਨ ਚਲਾਂਦਾ ਹੈ,
50852	1180	ਜੂਆਰੀ ਜੂਏ ਮਾਹਿ ਚੀਤੁ॥		Jooaaree Jooeae Maahi Cheeth ||	The gambler's consciousness is focused on gambling.	(ਜਿਵੇਂ ਕਿਸੇ) ਜੁਆਰੀਏ ਦਾ ਮਨ ਜੂਏ ਵਿਚ ਮਗਨ ਰਹਿੰਦਾ ਹੈ,
50853	1180	ਅਮਲੀ ਜੀਵੈ ਅਮਲੁ ਖਾਇ॥		Amalee Jeevai Amal Khaae ||	The opium addict lives by consuming opium.	ਜਿਵੇਂ ਕੋਈ ਅਫੀਮੀ ਅਫੀਮ ਖਾ ਕੇ ਸੁਖ ਪ੍ਰਤੀਤ ਕਰਦਾ ਹੈ,

50854	1180	ਤਿਉ ਹਰਿ ਜਨੁ ਜੀਵੈ ਹਰਿ ਧਿਆਇ॥੧॥		Thio Har Jan Jeevai Har Dhhiaae ||1||	In the same way, the humble servant of the Lord lives by meditating on the Lord. ||1||	ਤਿਵੇਂ ਪਰਮਾਤਮਾ ਦਾ ਭਗਤ ਪਰਮਾਤਮਾ ਦਾ ਨਾਮ ਸਿਮਰ ਕੇ ਆਤਮਕ ਜੀਵਨ ਹਾਸਲ ਕਰਦਾ ਹੈ ॥੧॥
50855	1180	ਅਪਨੈ ਰੰਗਿ ਸਭੁ ਕੋ ਰਚੈ॥		Apanai Rang Sabh Ko Rachai ||	Everyone is absorbed in his own pleasures.	ਹਰੇਕ ਜੀਵ ਆਪੋ ਆਪਣੇ ਮਨ-ਭਾਉਂਦੇ ਸੁਆਦ ਵਿਚ ਮਸਤ ਰਹਿੰਦਾ ਹੈ,
50856	1180	ਜਿਤੁ ਪ੍ਰਭਿ ਲਾਇਆ ਤਿਤੁ ਤਿਤੁ ਲਗੈ॥੧॥ਰਹਾਉ॥		Jith Prabh Laaeiaa Thith Thith Lagai ||1|| Rehaao ||	He is attached to whatever God attaches him to. ||1||Pause||	(ਪਰ) ਪ੍ਰਭੂ ਨੇ (ਹੀ) ਜਿਸ (ਸੁਆਦ) ਵਿਚ ਲਾਇਆ ਹੈ, ਉਸ ਉਸ (ਸੁਆਦ) ਵਿਚ (ਹਰੇਕ ਜੀਵ) ਲੱਗਾ ਰਹਿੰਦਾ ਹੈ ॥੧॥ ਰਹਾਉ ॥
50857	1180	ਮੇਘ ਸਮੈ ਮੋਰ ਨਿਰਤਿਕਾਰ॥		Maegh Samai Mor Nirathikaar ||	When the clouds and the rain come, the peacocks dance.	ਘਟਾਂ ਚੜ੍ਹਦੀਆਂ ਹਨ ਤਾਂ ਮੋਰ ਪੈਲਾਂ ਪਾਂਦੇ ਹਨ,
50858	1180	ਚੰਦ ਦੇਖਿ ਬਿਗਸਹਿ ਕਉਲਾਰ॥	(ਕਉਲਾਰ) ਕਵੀਆਂ	Chandh Dhaekh Bigasehi Koulaar ||	Seeing the moon, the lotus blossoms.	ਚੰਦ ਨੂੰ ਵੇਖ ਕੇ ਕੰਮੀਆਂ ਖਿੜਦੀਆਂ ਹਨ,
50859	1180	ਮਾਤਾ ਬਾਰਿਕ ਦੇਖਿ ਅਨੰਦ॥		Maathaa Baarik Dhaekh Anandh ||	When the mother sees her infant, she is happy.	(ਆਪਣੇ) ਬੱਚੇ ਨੂੰ ਵੇਖ ਕੇ ਮਾਂ ਖ਼ੁਸ਼ ਹੁੰਦੀ ਹੈ,

50860	1180	ਤਿਉ ਹਰਿ ਜਨ ਜੀਵਹਿ ਜਪਿ ਗੋਬਿੰਦ॥੨॥		Thio Har Jan Jeevehi Jap Gobindh ||2||	In the same way, the humble servant of the Lord lives by meditating on the Lord of the Universe. ||2||	ਤਿਵੇਂ ਪਰਮਾਤਮਾ ਦਾ ਨਾਮ ਜਪ ਕੇ ਪਰਮਾਤਮਾ ਦੇ ਭਗਤ ਆਤਮਕ ਹੁਲਾਰੇ ਵਿਚ ਆਉਂਦੇ ਹਨ ॥੨॥
50861	1180	ਸਿੰਘ ਰੁਚੈ ਸਦ ਭੋਜਨੁ ਮਾਸ॥		Singh Ruchai Sadh Bhojan Maas ||	The tiger always wants to eat meat.	ਮਾਸ ਦਾ ਭੋਜਨ ਮਿਲੇ ਤਾਂ ਸ਼ੇਰ ਸਦਾ ਖ਼ੁਸ਼ ਹੁੰਦਾ ਹੈ,
50862	1180	ਰਣੁ ਦੇਖਿ ਸੂਰੇ ਚਿਤ ਉਲਾਸ॥		Ran Dhaekh Soorae Chith Oulaas ||	Gazing upon the battlefield, the warrior's mind is exalted.	ਜੁੱਧ ਵੇਖ ਕੇ ਸੂਰਮੇ ਦੇ ਚਿੱਤ ਨੂੰ ਜੋਸ਼ ਆਉਂਦਾ ਹੈ,
50863	1180	ਕਿਰਪਨ ਕਉ ਅਤਿ ਧਨ ਪਿਆਰੁ॥		Kirapan Ko Ath Dhhan Piaar ||	The miser is totally in love with his wealth.	ਸ਼ੂਮ ਨੂੰ ਧਨ ਦਾ ਬਹੁਤ ਲੋਭ ਹੁੰਦਾ ਹੈ।
50864	1180	ਹਰਿ ਜਨ ਕਉ ਹਰਿ ਹਰਿ ਆਧਾਰੁ॥੩॥		Har Jan Ko Har Har Aadhhaar ||3||	The humble servant of the Lord leans on the Support of the Lord, Har, Har. ||3||	(ਤਿਵੇਂ) ਪਰਮਾਤਮਾ ਦੇ ਭਗਤ ਨੂੰ ਪਰਮਾਤਮਾ ਦੇ ਨਾਮ ਦਾ ਆਸਰਾ ਹੁੰਦਾ ਹੈ ॥੩॥
50865	1180	ਸਰਬ ਰੰਗ ਇਕ ਰੰਗ ਮਾਹਿ॥		Sarab Rang Eik Rang Maahi ||	All love is contained in the Love of the One Lord.	ਪਰ, (ਦੁਨੀਆ ਦੇ) ਸਾਰੇ ਸੁਆਦ ਪਰਮਾਤਮਾ ਦੇ ਨਾਮ ਦੇ ਸੁਆਦ ਦੇ ਵਿਚ ਹੀ ਆ ਜਾਂਦੇ ਹਨ (ਨਾਮ-ਰਸ ਨਾਲੋਂ ਘਟੀਆ ਹਨ)।

50866	1180	ਸਰਬ ਸੁਖਾ ਸੁਖ ਹਰਿ ਕੈ ਨਾਇ॥		Sarab Sukhaa Sukh Har Kai Naae ||	All comforts are contained in the Comfort of the Lord's Name.	ਸਾਰੇ ਵੱਡੇ ਤੋਂ ਵੱਡੇ ਸੁਖ ਪਰਮਾਤਮਾ ਦੇ ਨਾਮ ਵਿਚ ਹੀ ਹਨ।
50867	1180	ਤਿਸਹਿ ਪਰਾਪਤਿ ਇਹੁ ਨਿਧਾਨੁ॥		Thisehi Paraapath Eihu Nidhhaan ||	He alone receives this treasure,	ਇਹ ਨਾਮ-ਖ਼ਜ਼ਾਨਾ ਉਸ ਮਨੁੱਖ ਨੂੰ ਹੀ ਮਿਲਦਾ ਹੈ,
50868	1180	ਨਾਨਕ ਗੁਰੁ ਜਿਸੁ ਕਰੇ ਦਾਨੁ॥੪॥੨॥		Naanak Gur Jis Karae Dhaan ||4||2||	O Nanak, unto whom the Guru gives His gift. ||4||2||	ਹੇ ਨਾਨਕ! ਜਿਸ ਨੂੰ ਗੁਰੂ ਦੇਂਦਾ ਹੈ ॥੪॥੨॥
50869	1180	ਬਸੰਤੁ ਮਹਲਾ ੫॥		Basanth Mehalaa 5 ||	Basant, Fifth Mehl:	
50870	1180	ਤਿਸੁ ਬਸੰਤੁ ਜਿਸੁ ਪ੍ਰਭੁ ਕ੍ਰਿਪਾਲੁ॥		This Basanth Jis Prabh Kirapaal ||	He alone experiences this springtime of the soul, unto whom God grants His Grace.	ਆਤਮਕ ਖਿੜਾਉ ਉਸ ਮਨੁੱਖ ਨੂੰ ਪ੍ਰਾਪਤ ਹੁੰਦਾ ਹੈ, ਜਿਸ ਉੱਤੇ ਪ੍ਰਭੂ ਦਇਆਵਾਨ ਹੁੰਦਾ ਹੈ,
50871	1180	ਤਿਸੁ ਬਸੰਤੁ ਜਿਸੁ ਗੁਰੁ ਦਇਆਲੁ॥		This Basanth Jis Gur Dhaeiaal ||	He alone experiences this springtime of the soul, unto whom the Guru is merciful.	ਆਤਮਕ ਖਿੜਾਉ ਉਸ ਮਨੁੱਖ ਨੂੰ ਪ੍ਰਾਪਤ ਹੁੰਦਾ ਹੈ, ਜਿਸ ਉਤੇ ਗੁਰੂ ਦਇਆਵਾਨ ਹੁੰਦਾ ਹੈ।
50872	1180	ਮੰਗਲੁ ਤਿਸ ਕੈ ਜਿਸੁ ਏਕੁ ਕਾਮੁ॥		Mangal This Kai Jis Eaek Kaam ||	He alone is joyful, who works for the One Lord.	ਉਸ ਮਨੁੱਖ ਦੇ ਹਿਰਦੇ ਵਿਚ ਖ਼ੁਸ਼ੀ ਪੈਦਾ ਹੁੰਦੀ ਹੈ, ਜਿਸ ਨੂੰ ਇਕ ਹਰਿ-ਨਾਮ ਸਿਮਰਨ ਦਾ ਸਦਾ ਆਹਰ ਰਹਿੰਦਾ ਹੈ।

50873	1180	ਤਿਸੁ ਸਦ ਬਸੰਤੁ ਜਿਸੁ ਰਿਦੈ ਨਾਮੁ॥੧॥		This Sadh Basanth Jis Ridhai Naam ||1||	He alone experiences this eternal springtime of the soul, within whose heart the Naam, the Name of the Lord, abides. ||1||	ਉਸ ਮਨੁੱਖ ਨੂੰ ਖਿੜਾਉ ਸਦਾ ਹੀ ਮਿਲਿਆ ਰਹਿੰਦਾ ਹੈ ਜਿਸ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ ॥੧॥
50874	1180	ਗ੍ਰਿਹਿ ਤਾ ਕੇ ਬਸੰਤੁ ਗਨੀ॥	ਗ੍ਰਿਹਿ	Grihi Thaa Kae Basanth Ganee ||	This spring comes only to those homes,	ਮੈਂ ਤਾਂ ਉਸ ਮਨੁੱਖ ਦੇ ਹਿਰਦੇ ਵਿਚ ਖਿੜਾਉ (ਪੈਦਾ ਹੋਇਆ) ਸਮਝਦਾ ਹਾਂ,
50875	1180	ਜਾ ਕੈ ਕੀਰਤਨੁ ਹਰਿ ਧੁਨੀ॥੧॥ਰਹਾਉ॥		Jaa Kai Keerathan Har Dhhunee ||1|| Rehaao ||	In which the melody of the Kirtan of the Lord's Praises resounds. ||1||Pause||	ਜਿਸ ਦੇ ਹਿਰਦੇ ਵਿਚ ਪ੍ਰਭੂ ਦੀ ਸਿਫ਼ਤ-ਸਾਲਾਹ ਟਿਕੀ ਹੋਈ ਹੈ, ਜਿਸ ਦੇ ਹਿਰਦੇ ਵਿਚ ਪਰਮਾਤਮਾ (ਦੇ ਨਾਮ) ਦੀ ਲਗਨ ਹੈ ॥੧॥ ਰਹਾਉ ॥
50876	1180	ਪ੍ਰੀਤਿ ਪਾਰਬ੍ਰਹਮ ਮਉਲਿ ਮਨਾ॥		Preeth Paarabreham Moul Manaa ||	O mortal, let your love for the Supreme Lord God blossom forth.	ਹੇ ਮੇਰੇ ਮਨ! ਪਰਮਾਤਮਾ (ਦੇ ਚਰਨਾਂ) ਨਾਲ ਪ੍ਰੀਤ ਪਾ ਕੇ ਸਦਾ ਖਿੜਿਆ ਰਹੁ।
50877	1180	ਗਿਆਨੁ ਕਮਾਈਐ ਪੂਛਿ ਜਨਾਂ॥		Giaan Kamaaeeai Pooshh Janaan ||	Practice spiritual wisdom, and consult the humble servants of the Lord.	ਹੇ ਮਨ! ਸੰਤ ਜਨਾਂ ਨੂੰ ਪੁੱਛ ਕੇ ਆਤਮਕ ਜੀਵਨ ਦੀ ਸੂਝ ਹਾਸਲ ਕਰੀਦੀ ਹੈ।
50878	1180	ਸੋ ਤਪਸੀ ਜਿਸੁ ਸਾਧਸੰਗੁ॥	ਤ-ਪੱਸੀ	So Thapasee Jis Saadhhasang ||	He alone is an ascetic, who joins the Saadh Sangat, the Company of the Holy.	(ਅਸਲ) ਤਪਸ੍ਵੀ ਉਹ ਮਨੁੱਖ ਹੈ ਜਿਸ ਨੂੰ ਗੁਰੂ ਦੀ ਸੰਗਤ ਪ੍ਰਾਪਤ ਹੁੰਦੀ ਹੈ,

50879	1180	ਸਦ ਧਿਆਨੀ ਜਿਸੁ ਗੁਰਹਿ ਰੰਗੁ॥੨॥		Sadh Dhhiaanee Jis Gurehi Rang ||2||	He alone dwells in deep, continual meditation, who loves his Guru. ||2||	ਉਹ ਮਨੁੱਖ ਸਦਾ ਜੁੜੀ ਸੁਰਤ ਵਾਲਾ ਜਾਣੋ, ਜਿਸ ਦੇ ਅੰਦਰ ਗੁਰ (-ਚਰਨਾਂ) ਦਾ ਪਿਆਰ ਹੈ ॥੨॥
50880	1180	ਸੇ ਨਿਰਭਉ ਜਿਨ੍ ਭਉ ਪਇਆ॥		Sae Nirabho Jinh Bho Paeiaa ||	He alone is fearless, who has the Fear of God.	ਉਹ ਬੰਦੇ (ਦੁਨੀਆ ਦੇ) ਡਰਾਂ ਤੋਂ ਉਤਾਂਹ ਹਨ ਜਿਨ੍ਹਾਂ ਦੇ ਮਨ ਵਿਚ ਪਰਮਾਤਮਾ ਦਾ ਡਰ ਵੱਸਦਾ ਹੈ।
50881	1180	ਸੋ ਸੁਖੀਆ ਜਿਸੁ ਭ੍ਰਮੁ ਗਇਆ॥		So Sukheeaa Jis Bhram Gaeiaa ||	He alone is peaceful, whose doubts are dispelled.	ਉਹ ਮਨੁੱਖ ਸੁਖੀ ਜੀਵਨ ਵਾਲਾ ਹੈ ਜਿਸ (ਦੇ ਮਨ) ਦੀ ਭਟਕਣਾ ਦੂਰ ਹੋ ਗਈ।
50882	1180	ਸੋ ਇਕਾਂਤੀ ਜਿਸੁ ਰਿਦਾ ਥਾਇ॥		So Eikaanthee Jis Ridhaa Thhaae ||	He alone is a hermit, who heart is steady and stable.	ਸਿਰਫ਼ ਉਹ ਮਨੁੱਖ ਇਕਾਂਤ ਥਾਂ ਵਿਚ ਰਹਿੰਦਾ ਹੈ ਜਿਸ ਦਾ ਹਿਰਦਾ ਸ਼ਾਂਤ ਹੈ (ਇਕ ਥਾਂ ਟਿਕਿਆ ਹੋਇਆ ਹੈ)।
50883	1180	ਸੋਈ ਨਿਹਚਲੁ ਸਾਚ ਠਾਇ॥੩॥		Soee Nihachal Saach Thaae ||3||	He alone is steady and unmoving, who has found the true place. ||3||	ਉਹੀ ਮਨੁੱਖ ਅਡੋਲ ਚਿੱਤ ਵਾਲਾ ਹੈ, ਜਿਹੜਾ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ ॥੩॥
50884	1180	ਏਕਾ ਖੋਜੈ ਏਕ ਪ੍ਰੀਤਿ॥		Eaekaa Khojai Eaek Preeth ||	He seeks the One Lord, and loves the One Lord.	ਜਿਹੜਾ (ਹਰ ਥਾਂ) ਇਕ ਪਰਮਾਤਮਾ ਨੂੰ ਹੀ ਭਾਲਦਾ ਹੈ,
50885	1180	ਦਰਸਨ ਪਰਸਨ ਹੀਤ ਚੀਤਿ॥		Dharasan Parasan Heeth Cheeth ||	He loves to gaze upon the Blessed Vision of the Lord's Darshan.	ਜਿਸ ਦੇ ਮਨ ਵਿਚ ਇਕ ਪਰਮਾਤਮਾ ਦਾ ਹੀ ਪਿਆਰ ਹੈ, ਜਿਸ ਦੇ ਚਿੱਤ ਵਿਚ ਇਕ ਪ੍ਰਭੂ ਦੇ ਦਰਸਨ ਦੀ ਛੁਹ ਦੀ ਤਾਂਘ ਹੈ,

50886	1180	ਹਰਿ ਰੰਗ ਰੰਗਾ ਸਹਜਿ ਮਾਣੁ॥		Har Rang Rangaa Sehaj Maan ||	He intuitively enjoys the Love of the Lord.	ਜਿਹੜਾ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ ਸਭ ਰਸਾਂ ਤੋਂ ਸ੍ਰੇਸ਼ਟ ਹਰਿ-ਨਾਮ-ਰਸ ਮਾਣਦਾ ਹੈ,
50887	1180	ਨਾਨਕ ਦਾਸ ਤਿਸੁ ਜਨ ਕੁਰਬਾਣੁ॥੪॥੩॥		Naanak Dhaas This Jan Kurabaan ||4||3||	Slave Nanak is a sacrifice to that humble being. ||4||3||	ਦਾਸ ਨਾਨਕ ਆਖਦਾ ਹੈ- ਮੈਂ ਉਸ ਮਨੁੱਖ ਤੋਂ ਸਦਕੇ ਜਾਂਦਾ ਹਾਂ ॥੪॥੩॥
50888	1181	ਬਸੰਤੁ ਮਹਲਾ ੫॥		Basanth Mehalaa 5 ||	Basant, Fifth Mehl:	
50889	1181	ਜੀਅ ਪ੍ਰਾਣ ਤੁਮ੍ਹ ਪਿੰਡ ਦੀਨ੍ਹ॥		Jeea Praan Thumh Pindd Dheenh ||	You gave us our soul, breath of life and body.	ਹੇ ਪ੍ਰਭੂ! (ਸਭ ਜੀਵਾਂ ਨੂੰ) ਜਿੰਦ, ਪ੍ਰਾਣ, ਸਰੀਰ ਤੂੰ ਹੀ ਦਿੱਤੇ ਹਨ।
50890	1181	ਮੁਗਧ ਸੁੰਦਰ ਧਾਰਿ ਜੋਤਿ ਕੀਨ੍ਹ॥		Mugadhh Sundhar Dhhaar Joth Keenh ||	I am a fool, but You have made me beautiful, enshrining Your Light within me.	ਆਪਣੀ ਜੋਤਿ ਤੂੰ (ਸਰੀਰਾਂ ਵਿਚ) ਟਿਕਾ ਕੇ ਮੂਰਖਾਂ ਨੂੰ ਸੋਹਣੇ ਬਣਾ ਦੇਂਦਾ ਹੈਂ।
50891	1181	ਸਭਿ ਜਾਚਿਕ ਪ੍ਰਭ ਤੁਮ੍ਹ ਦਇਆਲ॥		Sabh Jaachik Prabh Thumh Dhaeiaal ||	We are all beggars, O God; You are merciful to us.	ਹੇ ਪ੍ਰਭੂ! ਸਾਰੇ ਜੀਵ (ਤੇਰੇ ਦਰ ਦੇ) ਮੰਗਤੇ ਹਨ, ਤੂੰ ਸਭ ਉੱਤੇ ਦਇਆ ਕਰਨ ਵਾਲਾ ਹੈਂ।
50892	1181	ਨਾਮੁ ਜਪਤ ਹੋਵਤ ਨਿਹਾਲ॥੧॥		Naam Japath Hovath Nihaal ||1||	Chanting the Naam, the Name of the Lord, we are uplifted and exalted. ||1||	ਤੇਰਾ ਨਾਮ ਜਪਦਿਆਂ ਜੀਵ ਪ੍ਰਸੰਨ-ਚਿੱਤ ਹੋ ਜਾਂਦੇ ਹਨ ॥੧॥

50893	1181	ਮੇਰੇ ਪ੍ਰੀਤਮ ਕਾਰਣ ਕਰਣ ਜੋਗ॥		Maerae Preetham Kaaran Karan Jog ||	O my Beloved, only You have the potency to act,	ਹੇ ਸਭ ਕੁਝ ਕਰਨ ਦੀ ਸਮਰਥਾ ਵਾਲੇ! ਹੇ ਮੇਰੇ ਪ੍ਰੀਤਮ!
50894	1181	ਹਉ ਪਾਵਉ ਤੁਮ ਤੇ ਸਗਲ ਥੋਕ॥੧॥ਰਹਾਉ॥		Ho Paavo Thum Thae Sagal Thhok ||1|| Rehaao ||	And cause all to be done. ||1||Pause||	ਮੈਂ ਤੇਰੇ ਪਾਸੋਂ ਹੀ ਸਾਰੇ ਪਦਾਰਥ ਹਾਸਲ ਕਰਦਾ ਹਾਂ ॥੧॥ ਰਹਾਉ ॥
50895	1181	ਨਾਮੁ ਜਪਤ ਹੋਵਤ ਉਧਾਰ॥		Naam Japath Hovath Oudhhaar ||	Chanting the Naam, the mortal is saved.	ਪਰਮਾਤਮਾ ਦਾ ਨਾਮ ਜਪਦਿਆਂ (ਜਗਤ ਤੋਂ) ਪਾਰ-ਉਤਾਰਾ ਹੁੰਦਾ ਹੈ,
50896	1181	ਨਾਮੁ ਜਪਤ ਸੁਖ ਸਹਜ ਸਾਰ॥		Naam Japath Sukh Sehaj Saar ||	Chanting the Naam, sublime peace and poise are found.	ਆਤਮਕ ਅਡੋਲਤਾ ਦੇ ਸ੍ਰੇਸ਼ਟ ਸੁਖ ਪ੍ਰਾਪਤ ਹੋ ਜਾਂਦੇ ਹਨ,
50897	1181	ਨਾਮੁ ਜਪਤ ਪਤਿ ਸੋਭਾ ਹੋਇ॥		Naam Japath Path Sobhaa Hoe ||	Chanting the Naam, honor and glory are received.	(ਲੋਕ ਪਰਲੋਕ ਵਿਚ) ਇੱਜ਼ਤ ਸੋਭਾ ਮਿਲਦੀ ਹੈ,
50898	1181	ਨਾਮੁ ਜਪਤ ਬਿਘਨੁ ਨਾਹੀ ਕੋਇ॥੨॥		Naam Japath Bighan Naahee Koe ||2||	Chanting the Naam, no obstacles shall block your way. ||2||	(ਜੀਵਨ-ਸਫ਼ਰ ਵਿਚ ਵਿਕਾਰਾਂ ਵਲੋਂ) ਕੋਈ ਰੁਕਵਾਟ ਨਹੀਂ ਪੈਂਦੀ ॥੨॥
50899	1181	ਜਾ ਕਾਰਨਿ ਇਹ ਦੁਲਭ ਦੇਹ॥		Jaa Kaaran Eih Dhulabh Dhaeh ||	For this reason, you have been blessed with this body, so difficult to obtain.	ਹੇ ਮੇਰੇ ਪ੍ਰਭੂ! ਜਿਸ ਹਰਿ-ਨਾਮ ਦੇ ਜਪਣ ਵਾਸਤੇ (ਤੇਰੀ ਮਿਹਰ ਨਾਲ) ਇਹ ਦੁਰਲੱਭ ਮਨੁੱਖਾ ਸਰੀਰ ਮਿਲਿਆ ਹੈ,
50900	1181	ਸੋ ਬੋਲੁ ਮੇਰੇ ਪ੍ਰਭੂ ਦੇਹਿ॥		So Bol Maerae Prabhoo Dhaehi ||	O my Dear God, please bless me to speak the Naam.	ਉਹ ਹਰਿ-ਨਾਮ ਮੈਨੂੰ ਬਖ਼ਸ਼।

50901	1181	ਸਾਧਸੰਗਤਿ ਮਹਿ ਇਹੁ ਬਿਸ੍ਰਾਮੁ॥		Saadhhasangath Mehi Eihu Bisraam ||	This tranquil peace is found in the Saadh Sangat, the Company of the Holy.	(ਮੇਰਾ) ਇਹ (ਮਨ) ਸਾਧ ਸੰਗਤ ਵਿਚ ਟਿਕਾਣਾ ਪ੍ਰਾਪਤ ਕਰੀ ਰੱਖੇ।
50902	1181	ਸਦਾ ਰਿਦੈ ਜਪੀ ਪ੍ਰਭ ਤੇਰੋ ਨਾਮੁ॥੩॥		Sadhaa Ridhai Japee Prabh Thaero Naam ||3||	May I always chant and meditate within my heart on Your Name, O God. ||3||	ਹੇ ਪ੍ਰਭੂ! (ਮਿਹਰ ਕਰ) ਮੈਂ ਸਦਾ ਤੇਰਾ ਨਾਮ ਜਪਦਾ ਰਹਾਂ ॥੩॥
50903	1181	ਤੁਝ ਬਿਨੁ ਦੂਜਾ ਕੋਇ ਨਾਹਿ॥		Thujh Bin Dhoojaa Koe Naahi ||	Other than You, there is no one at all.	ਹੇ ਪ੍ਰਭੂ! ਤੈਥੋਂ ਬਿਨਾ ਮੈਨੂੰ ਕੋਈ ਹੋਰ (ਆਸਰਾ) ਨਹੀਂ ਹੈ।
50904	1181	ਸਭੁ ਤੇਰੋ ਖੇਲੁ ਤੁਝ ਮਹਿ ਸਮਾਹਿ॥		Sabh Thaero Khael Thujh Mehi Samaahi ||	Everything is Your play; it all merges again into You.	ਇਹ ਸਾਰਾ ਜਗਤ-ਤਮਾਸ਼ਾ ਤੇਰਾ ਹੀ ਬਣਾਇਆ ਹੋਇਆ ਹੈ। ਸਾਰੇ ਜੀਵ ਤੇਰੇ ਵਿਚ ਹੀ ਲੀਨ ਹੋ ਜਾਂਦੇ ਹਨ।
50905	1181	ਜਿਉ ਭਾਵੈ ਤਿਉ ਰਾਖਿ ਲੇ॥		Jio Bhaavai Thio Raakh Lae ||	As it pleases Your Will, save me, Lord.	ਜਿਵੇਂ ਤੈਨੂੰ ਚੰਗਾ ਲੱਗੇ ਤਿਵੇਂ (ਮੇਰੀ) ਰੱਖਿਆ ਕਰ।
50906	1181	ਸੁਖੁ ਨਾਨਕ ਪੂਰਾ ਗੁਰੁ ਮਿਲੇ॥੪॥੪॥		Sukh Naanak Pooraa Gur Milae ||4||4||	O Nanak, peace is obtained by meeting with the Perfect Guru. ||4||4||	ਹੇ ਨਾਨਕ! ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, ਉਸ ਨੂੰ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ॥੪॥੪॥
50907	1181	ਬਸੰਤੁ ਮਹਲਾ ੫॥		Basanth Mehalaa 5 ||	Basant, Fifth Mehl:	
50908	1181	ਪ੍ਰਭ ਪ੍ਰੀਤਮ ਮੇਰੈ ਸੰਗਿ ਰਾਇ॥		Prabh Preetham Maerai Sang Raae ||	My Beloved God, my King is with me.	ਪ੍ਰੀਤਮ ਪ੍ਰਭੂ, ਪ੍ਰਭੂ ਪਾਤਿਸ਼ਾਹ (ਜੋ ਉਂਞ ਤਾਂ ਹਰ ਵੇਲੇ) ਮੇਰੇ ਨਾਲ ਵੱਸਦਾ ਹੈ (ਪਰ ਮੈਨੂੰ ਦਿੱਸਦਾ ਨਹੀਂ)।

50909	1181	ਜਿਸਹਿ ਦੇਖਿ ਹਉ ਜੀਵਾ ਮਾਇ॥		Jisehi Dhaekh Ho Jeevaa Maae ||	Gazing upon Him, I live, O my mother.	ਹੇ ਮਾਂ! ਜਿਸ ਨੂੰ ਵੇਖ ਕੇ ਮੈਂ ਆਤਮਕ ਜੀਵਨ ਪ੍ਰਾਪਤ ਕਰ ਸਕਾਂ,
50910	1181	ਜਾ ਕੈ ਸਿਮਰਨਿ ਦੁਖੁ ਨ ਹੋਇ॥		Jaa Kai Simaran Dhukh N Hoe ||	Remembering Him in meditation, there is no pain or suffering.	ਜਿਸ ਦੇ ਸਿਮਰਨ ਦੀ ਬਰਕਤਿ ਨਾਲ ਕੋਈ ਦੁੱਖ ਪੋਹ ਨਹੀਂ ਸਕਦਾ,
50911	1181	ਕਰਿ ਦਇਆ ਮਿਲਾਵਹੁ ਤਿਸਹਿ ਮੋਹਿ॥੧॥		Kar Dhaeiaa Milaavahu Thisehi Mohi ||1||	Please, take pity on me, and lead me on to meet Him. ||1||	ਮਿਹਰ ਕਰ ਕੇ ਮੈਨੂੰ ਉਸ ਪ੍ਰਭੂ ਨਾਲ ਮਿਲਾ ਦੇ ॥੧॥
50912	1181	ਮੇਰੇ ਪ੍ਰੀਤਮ ਪ੍ਰਾਨ ਅਧਾਰ ਮਨ॥		Maerae Preetham Praan Adhhaar Man ||	My Beloved is the Support of my breath of life and mind.	ਹੇ ਮੇਰੇ ਪ੍ਰੀਤਮ ਪ੍ਰਭੂ! ਹੇ ਮੇਰੀ ਜਿੰਦ ਤੇ ਮਨ ਦੇ ਆਸਰੇ ਪ੍ਰਭੂ!
50913	1181	ਜੀਉ ਪ੍ਰਾਨ ਸਭੁ ਤੇਰੋ ਧਨ ॥੧॥ਰਹਾਉ॥		Jeeo Praan Sabh Thaero Dhhan ||1|| Rehaao ||	This soul, breath of life, and wealth are all Yours, O Lord. ||1||Pause||	ਮੇਰੀ ਇਹ ਜਿੰਦ ਮੇਰੇ ਇਹ ਪ੍ਰਾਣ-ਸਭ ਕੁਝ ਤੇਰਾ ਹੀ ਦਿੱਤਾ ਹੋਇਆ ਸਰਮਾਇਆ ਹੈ ॥੧॥ ਰਹਾਉ ॥
50914	1181	ਜਾ ਕਉ ਖੋਜਹਿ ਸੁਰਿ ਨਰ ਦੇਵ॥		Jaa Ko Khojehi Sur Nar Dhaev ||	He is sought by the angels, mortals and divine beings.	ਹੇ ਮਾਂ! ਜਿਸ ਪਰਮਾਤਮਾ ਨੂੰ ਦੈਵੀ ਗੁਣਾਂ ਵਾਲੇ ਮਨੁੱਖ ਅਤੇ ਦੇਵਤੇ ਭਾਲਦੇ ਰਹਿੰਦੇ ਹਨ,
50915	1181	ਮੁਨਿ ਜਨ ਸੇਖ ਨ ਲਹਹਿ ਭੇਵ॥		Mun Jan Saekh N Lehehi Bhaev ||	The silent sages, the humble, and the religious teachers do not understand His mystery.	ਜਿਸ ਦਾ ਭੇਤ ਮੁਨੀ ਲੋਕ ਅਤੇ ਸ਼ੇਸ਼-ਨਾਗ ਭੀ ਨਹੀਂ ਪਾ ਸਕਦੇ,

50916	1181	ਜਾ ਕੀ ਗਤਿ ਮਿਤਿ ਕਹੀ ਨ ਜਾਇ॥		Jaa Kee Gath Mith Kehee N Jaae ||	His state and extent cannot be described.	ਜਿਸ ਦੀ ਉੱਚੀ ਆਤਮਕ ਅਵਸਥਾ ਅਤੇ ਵਡੱਪਣ ਬਿਆਨ ਨਹੀਂ ਕੀਤੇ ਜਾ ਸਕਦੇ,
50917	1181	ਘਟਿ ਘਟਿ ਘਟਿ ਘਟਿ ਰਹਿਆ ਸਮਾਇ॥੨॥		Ghatt Ghatt Ghatt Ghatt Rehiaa Samaae ||2||	In each and every home of each and every heart, He is permeating and pervading. ||2||	ਹੇ ਮਾਂ! ਉਹ ਪਰਮਾਤਮਾ ਹਰੇਕ ਸਰੀਰ ਵਿਚ ਵਿਆਪ ਰਿਹਾ ਹੈ ॥੨॥
50918	1181	ਜਾ ਕੇ ਭਗਤ ਆਨੰਦਮੈ॥	ਆਨੰਦ-ਮੈ: ਆਨੰਦ, ਮੈ ਸਰੂਪ, ਮੈ ਨੂੰ ਬਿੰਦੀ ਨ ਲਾਉ	Jaa Kae Bhagath Aanandh Mai ||	His devotees are totally in bliss.	ਹੇ ਮਾਂ! ਜਿਸ ਪਰਮਾਤਮਾ ਦੇ ਭਗਤ ਸਦਾ ਆਨੰਦ-ਭਰਪੂਰ ਰਹਿੰਦੇ ਹਨ,
50919	1181	ਜਾ ਕੇ ਭਗਤ ਕਉ ਨਾਹੀ ਖੈ॥		Jaa Kae Bhagath Ko Naahee Khai ||	His devotees cannot be destroyed.	ਜਿਸ ਪਰਮਾਤਮਾ ਦੇ ਭਗਤਾਂ ਨੂੰ ਕਦੇ ਆਤਮਕ ਮੌਤ ਨਹੀਂ ਆਉਂਦੀ,
50920	1181	ਜਾ ਕੇ ਭਗਤ ਕਉ ਨਾਹੀ ਭੈ॥		Jaa Kae Bhagath Ko Naahee Bhai ||	His devotees are not afraid.	ਜਿਸ ਪਰਮਾਤਮਾ ਦੇ ਭਗਤਾਂ ਨੂੰ (ਦੁਨੀਆ ਦੇ ਕੋਈ) ਡਰ ਪੋਹ ਨਹੀਂ ਸਕਦੇ,
50921	1181	ਜਾ ਕੇ ਭਗਤ ਕਉ ਸਦਾ ਜੈ॥੩॥		Jaa Kae Bhagath Ko Sadhaa Jai ||3||	His devotees are victorious forever. ||3||	ਜਿਸ ਪਰਮਾਤਮਾ ਦੇ ਭਗਤਾਂ ਨੂੰ (ਵਿਕਾਰਾਂ ਦੇ ਟਾਕਰੇ ਤੇ) ਸਦਾ ਜਿੱਤ ਹੁੰਦੀ ਹੈ (ਉਹ ਪਰਮਾਤਮਾ ਹਰੇਕ ਸਰੀਰ ਵਿਚ ਮੌਜੂਦ ਹੈ) ॥੩॥
50922	1181	ਕਉਨ ਉਪਮਾ ਤੇਰੀ ਕਹੀ ਜਾਇ॥		Koun Oupamaa Thaeree Kehee Jaae ||	What Praises of Yours can I utter?	ਹੇ ਪ੍ਰਭੂ! ਤੇਰੀ ਕੋਈ ਉਪਮਾ ਦੱਸੀ ਨਹੀਂ ਜਾ ਸਕਦੀ (ਤੇਰੇ ਵਰਗਾ ਕੋਈ ਦੱਸਿਆ ਨਹੀਂ ਜਾ ਸਕਦਾ)।

50923	1181	ਸੁਖਦਾਤਾ ਪ੍ਰਭੁ ਰਹਿਓ ਸਮਾਇ॥		Sukhadhaathaa Prabh Rehiou Samaae ||	God, the Giver of peace, is all-pervading, permeating everywhere.	ਤੂੰ (ਸਭ ਜੀਵਾਂ ਨੂੰ) ਸੁਖ ਦੇਣ ਵਾਲਾ ਮਾਲਕ ਹੈਂ, ਤੂੰ ਹਰ ਥਾਂ ਮੌਜੂਦ ਹੈਂ।
50924	1181	ਨਾਨਕੁ ਜਾਚੈ ਏਕੁ ਦਾਨੁ॥		Naanak Jaachai Eaek Dhaan ||	Nanak begs for this one gift.	ਹੇ ਪ੍ਰਭੂ! (ਤੇਰੇ ਪਾਸੋਂ) ਨਾਨਕ ਇਕ ਖ਼ੈਰ ਮੰਗਦਾ ਹੈ-
50925	1181	ਕਰਿ ਕਿਰਪਾ ਮੋਹਿ ਦੇਹੁ ਨਾਮੁ॥੪॥੫॥		Kar Kirapaa Mohi Dhaehu Naam ||4||5||	Be merciful, and bless me with Your Name. ||4||5||	ਮਿਹਰ ਕਰ ਕੇ ਮੈਨੂੰ ਆਪਣਾ ਨਾਮ ਬਖ਼ਸ਼ ॥੪॥੫॥
50926	1181	ਬਸੰਤੁ ਮਹਲਾ ੫॥		Basanth Mehalaa 5 ||	Basant, Fifth Mehl:	
50927	1181	ਮਿਲਿ ਪਾਣੀ ਜਿਉ ਹਰੇ ਬੂਟ॥		Mil Paanee Jio Harae Boott ||	As the plant turns green upon receiving water,	ਜਿਵੇਂ ਪਾਣੀ ਨੂੰ ਮਿਲ ਕੇ ਬੂਟੇ ਹਰੇ ਹੋ ਜਾਂਦੇ ਹਨ (ਤੇ, ਉਹਨਾਂ ਦਾ ਸੋਕਾ ਮੁੱਕ ਜਾਂਦਾ ਹੈ)
50928	1181	ਸਾਧਸੰਗਤਿ ਤਿਉ ਹਉਮੈ ਛੂਟ॥		Saadhhasangath Thio Houmai Shhoott ||	Just so, in the Saadh Sangat, the Company of the Holy, egotism is eradicated.	ਤਿਵੇਂ ਸਾਧ ਸੰਗਤ ਵਿਚ ਮਿਲ ਕੇ (ਮਨੁੱਖ ਦੇ ਅੰਦਰੋਂ) ਹਉਮੈ ਮੁੱਕ ਜਾਂਦੀ ਹੈ।
50929	1181	ਜੈਸੀ ਦਾਸੇ ਧੀਰ ਮੀਰ॥		Jaisee Dhaasae Dhheer Meer ||	Just as the servant is encouraged by his ruler,	ਜਿਵੇਂ ਕਿਸੇ ਦਾਸ ਨੂੰ ਆਪਣੇ ਮਾਲਕ ਦੀ ਧੀਰਜ ਹੁੰਦੀ ਹੈ,
50930	1181	ਤੈਸੇ ਉਧਾਰਨ ਗੁਰਹ ਪੀਰ॥੧॥		Thaisae Oudhhaaran Gureh Peer ||1||	We are saved by the Guru. ||1||	ਤਿਵੇਂ ਗੁਰੂ-ਪੀਰ (ਜੀਵਾਂ ਨੂੰ) ਪਾਰ ਉਤਾਰਨ ਲਈ ਆਸਰਾ ਹੁੰਦਾ ਹੈ ॥੧॥

50931	1181	ਤੁਮ ਦਾਤੇ ਪ੍ਰਭ ਦੇਨਹਾਰ॥		Thum Dhaathae Prabh Dhaenehaar ||	You are the Great Giver, O Generous Lord God.	ਹੇ ਪ੍ਰਭੂ! ਤੂੰ (ਜੀਵਾਂ ਨੂੰ) ਸਭ ਕੁਝ ਦੇ ਸਕਣ ਵਾਲਾ ਦਾਤਾਰ ਹੈਂ।
50932	1181	ਨਿਮਖ ਨਿਮਖ ਤਿਸੁ ਨਮਸਕਾਰ॥੧॥ਰਹਾਉ॥		Nimakh Nimakh This Namasakaar ||1|| Rehaao ||	Each and every instant, I humbly bow to You. ||1||Pause||	ਮੈਂ ਪਲ ਪਲ ਉਸ (ਦਾਤਾਰ ਪ੍ਰਭੂ) ਨੂੰ ਨਮਸਕਾਰ ਕਰਦਾ ਹਾਂ ॥੧॥ ਰਹਾਉ ॥
50933	1181	ਜਿਸਹਿ ਪਰਾਪਤਿ ਸਾਧਸੰਗੁ॥		Jisehi Paraapath Saadhhasang ||	Whoever enters the Saadh Sangat	ਜਿਸ ਮਨੁੱਖ ਨੂੰ ਗੁਰੂ ਦੀ ਸੰਗਤ ਪ੍ਰਾਪਤ ਹੁੰਦੀ ਹੈ,
50934	1181	ਤਿਸੁ ਜਨ ਲਾਗਾ ਪਾਰਬ੍ਰਹਮ ਰੰਗੁ॥		This Jan Laagaa Paarabreham Rang ||	That humble being is imbued with the Love of the Supreme Lord God.	ਉਸ ਮਨੁੱਖ (ਦੇ ਮਨ) ਨੂੰ ਪਰਮਾਤਮਾ ਦਾ ਪ੍ਰੇਮ-ਰੰਗ ਚੜ੍ਹ ਜਾਂਦਾ ਹੈ।
50935	1181	ਤੇ ਬੰਧਨ ਤੇ ਭਏ ਮੁਕਤਿ॥		Thae Bandhhan Thae Bheae Mukath ||	He is liberated from bondage.	(ਜਿਨ੍ਹਾਂ ਮਨੁੱਖਾਂ ਨੂੰ ਨਾਮ-ਰੰਗ ਚੜ੍ਹ ਜਾਂਦਾ ਹੈ) ਉਹ ਮਨੁੱਖ ਮਾਇਆ ਦੇ ਮੋਹ ਦੇ ਬੰਧਨਾਂ ਤੋਂ ਖ਼ਲਾਸੀ ਹਾਸਲ ਕਰ ਲੈਂਦੇ ਹਨ।
50936	1181	ਭਗਤ ਅਰਾਧਹਿ ਜੋਗ ਜੁਗਤਿ॥੨॥		Bhagath Araadhhehi Jog Jugath ||2||	His devotees worship Him in adoration; they are united in His Union. ||2||	ਪਰਮਾਤਮਾ ਦੇ ਭਗਤ ਪਰਮਾਤਮਾ ਦਾ ਨਾਮ ਸਿਮਰਦੇ ਹਨ-ਇਹੀ ਉਸ ਨਾਲ ਮਿਲਾਪ ਦਾ ਸਹੀ ਤਰੀਕਾ ਹੈ ॥੨॥

50937	1181	ਨੇਤ੍ਰ ਸੰਤੋਖੇ ਦਰਸੁ ਪੇਖਿ॥		Naethr Santhokhae Dharas Paekh ||	My eyes are content, gazing upon the Blessed Vision of His Darshan.	ਪਰਮਾਤਮਾ ਦਾ ਦਰਸਨ ਕਰ ਕੇ (ਮਨੁੱਖ ਦੀਆਂ) ਅੱਖਾਂ ਨੂੰ (ਪਰਾਇਆ ਰੂਪ ਤੱਕਣ ਵੱਲੋਂ) ਸੰਤੋਖ ਆ ਜਾਂਦਾ ਹੈ।
50938	1181	ਰਸਨਾ ਗਾਏ ਗੁਣ ਅਨੇਕ॥		Rasanaa Gaaeae Gun Anaek ||	My tongue sings the Infinite Praises of God.	(ਜਿਉਂ ਜਿਉਂ ਮਨੁੱਖ ਦੀ) ਜੀਭ ਪਰਮਾਤਮਾ ਦੇ ਅਨੇਕਾਂ ਗੁਣ ਗਾਂਦੀ ਹੈ,
50939	1181	ਤ੍ਰਿਸਨਾ ਬੂਝੀ ਗੁਰ ਪ੍ਰਸਾਦਿ॥		Thrisanaa Boojhee Gur Prasaadh ||	My thirst is quenched, by Guru's Grace.	ਗੁਰੂ ਦੀ ਕਿਰਪਾ ਨਾਲ (ਉਸ ਦੇ ਅੰਦਰੋਂ ਮਾਇਆ ਦੀ) ਤ੍ਰਿਸ਼ਨਾ (-ਅੱਗ) ਬੁੱਝ ਜਾਂਦੀ ਹੈ,
50940	1181	ਮਨੁ ਆਘਾਨਾ ਹਰਿ ਰਸਹਿ ਸੁਆਦਿ॥੩॥		Man Aaghaanaa Har Rasehi Suaadh ||3||	My mind is satisfied, with the sublime taste of the Lord's subtle essence. ||3||	ਉਸ ਦਾ ਮਨ ਹਰਿ-ਨਾਮ-ਰਸ ਦੇ ਸੁਆਦ ਨਾਲ (ਮਾਇਆ ਵੱਲੋਂ) ਰੱਜ ਜਾਂਦਾ ਹੈ ॥੩॥
50941	1181	ਸੇਵਕੁ ਲਾਗੋ ਚਰਣ ਸੇਵ॥		Saevak Laago Charan Saev ||	Your servant is committed to the service of Your Feet,	(ਹੇ ਪ੍ਰਭੂ! ਜਿਹੜਾ ਤੇਰਾ) ਸੇਵਕ (ਤੇਰੇ) ਚਰਨਾਂ ਦੀ ਸੇਵਾ ਵਿਚ ਲੱਗਦਾ ਹੈ।
50942	1181	ਆਦਿ ਪੁਰਖ ਅਪਰੰਪਰ ਦੇਵ॥	ਅਪ-ਰੰਪਰ	Aadh Purakh Aparanpar Dhaev ||	O Primal Infinite Divine Being.	ਹੇ ਸਭ ਦੇ ਮੂੰਢ ਪ੍ਰਭੂ! ਹੇ ਸਰਬ-ਵਿਆਪਕ ਪ੍ਰਭੂ! ਹੇ ਪਰੇ ਤੋਂ ਪਰੇ ਪ੍ਰਭੂ! ਹੇ ਪ੍ਰਕਾਸ਼-ਰੂਪ ਪ੍ਰਭੂ!
50943	1181	ਸਗਲ ਉਧਾਰਣ ਤੇਰੋ ਨਾਮੁ॥		Sagal Oudhhaaran Thaero Naam ||	Your Name is the Saving Grace of all.	ਤੇਰਾ ਨਾਮ ਸਭ ਜੀਵਾਂ ਦਾ ਪਾਰ-ਉਤਾਰਾ ਕਰਨ ਵਾਲਾ ਹੈ।
50944	1181	ਨਾਨਕ ਪਾਇਓ ਇਹੁ ਨਿਧਾਨੁ॥੪॥੬॥		Naanak Paaeiou Eihu Nidhhaan ||4||6||	Nanak has received this teasure. ||4||6||	ਨਾਨਕ ਨੂੰ (ਤੇਰਾ) ਇਹ ਨਾਮ-ਖ਼ਜ਼ਾਨਾ ਮਿਲ ਗਿਆ ਹੈ ॥੪॥੬॥

50945	1181	ਬਸੰਤੁ ਮਹਲਾ ੫॥		Basanth Mehalaa 5 ||	Basant, Fifth Mehl:	
50946	1181	ਤੁਮ ਬਡ ਦਾਤੇ ਦੇ ਰਹੇ॥		Thum Badd Dhaathae Dhae Rehae ||	You are the Great Giver; You continue to give.	ਹੇ ਪ੍ਰਭੂ! ਤੂੰ ਸਭ ਤੋਂ ਵੱਡਾ ਦਾਤਾ ਹੈਂ, (ਸਭ ਜੀਵਾਂ ਨੂੰ ਤੂੰ ਸਭ ਪਦਾਰਥ) ਦੇ ਰਿਹਾ ਹੈਂ,
50947	1181	ਜੀਅ ਪ੍ਰਾਣ ਮਹਿ ਰਵਿ ਰਹੇ॥		Jeea Praan Mehi Rav Rehae ||	You permeate and pervade my soul, and my breath of life.	ਤੂੰ ਸਭਨਾਂ ਦੀ ਜਿੰਦ ਵਿਚ ਸਭਨਾਂ ਦੇ ਪ੍ਰਾਣਾਂ ਵਿਚ ਵਿਆਪਕ ਹੈਂ।
50948	1181	ਦੀਨੇ ਸਗਲੇ ਭੋਜਨ ਖਾਨ॥		Dheenae Sagalae Bhojan Khaan ||	You have given me all sorts of foods and dishes.	ਤੂੰ ਖਾਣ ਲਈ ਸਾਰੇ ਪਦਾਰਥ ਦੇ ਰਿਹਾ ਹੈਂ,
50949	1181	ਮੋਹਿ ਨਿਰਗੁਨ ਇਕੁ ਗੁਨੁ ਨ ਜਾਨ॥੧॥		Mohi Niragun Eik Gun N Jaan ||1||	I am unworthy; I know none of Your Virtues at all. ||1||	ਪਰ ਮੈਂ ਗੁਣ-ਹੀਨ ਨੇ ਤੇਰਾ ਇਕ ਭੀ ਉਪਕਾਰ ਨਹੀਂ ਸਮਝਿਆ ॥੧॥
50950	1181	ਹਉ ਕਛੂ ਨ ਜਾਨਉ ਤੇਰੀ ਸਾਰ॥		Ho Kashhoo N Jaano Thaeree Saar ||	I do not understand anything of Your Worth.	ਹੇ ਦਇਆਲ ਪ੍ਰਭੂ! ਮੈਂ ਤੇਰੀ ਰਤਾ ਭਰ ਭੀ ਕਦਰ ਨਹੀਂ ਜਾਣਦਾ,
50951	1182	ਤੂ ਕਰਿ ਗਤਿ ਮੇਰੀ ਪ੍ਰਭ ਦਇਆਰ॥੧॥ਰਹਾਉ॥		Thoo Kar Gath Maeree Prabh Dhaeiaar ||1|| Rehaao ||	Save me, O my Merciful Lord God. ||1||Pause||	(ਮਿਹਰ ਕਰ) ਮੈਨੂੰ ਉੱਚੀ ਆਤਮਕ ਅਵਸਥਾ ਦੇਹ ॥੧॥ ਰਹਾਉ ॥

50952	1182	ਜਾਪ ਨ ਤਾਪ ਨ ਕਰਮ ਕੀਤਿ॥		Jaap N Thaap N Karam Keeth ||	I have not practiced meditation, austerities or good actions.	ਹੇ ਪ੍ਰਭੂ! ਮੈਂ ਕੋਈ ਜਪ ਨਹੀਂ ਕੀਤੇ, ਮੈਂ ਕੋਈ ਤਪ ਨਹੀਂ ਕੀਤੇ, ਮੈਂ (ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ ਕੋਈ ਧਾਰਮਿਕ) ਕਰਮ ਨਹੀਂ ਕੀਤੇ;
50953	1182	ਆਵੈ ਨਾਹੀ ਕਛੂ ਰੀਤਿ॥		Aavai Naahee Kashhoo Reeth ||	I do not know the way to meet You.	ਕੋਈ ਧਾਰਮਿਕ ਰੀਤ-ਰਸਮ ਕਰਨੀ ਭੀ ਮੈਨੂੰ ਨਹੀਂ ਆਉਂਦੀ।
50954	1182	ਮਨ ਮਹਿ ਰਾਖਉ ਆਸ ਏਕ॥		Man Mehi Raakho Aas Eaek ||	Within my mind, I have placed my hopes in the One Lord alone.	ਪਰ, ਹੇ ਪ੍ਰਭੂ! ਮੈਂ ਆਪਣੇ ਮਨ ਵਿਚ ਸਿਰਫ਼ ਇਹ ਆਸ ਰੱਖੀ ਬੈਠਾ ਹਾਂ,
50955	1182	ਨਾਮ ਤੇਰੇ ਕੀ ਤਰਉ ਟੇਕ॥੨॥		Naam Thaerae Kee Tharo Ttaek ||2||	The Support of Your Name shall carry me across. ||2||	ਕਿ ਤੇਰੇ ਨਾਮ ਦੇ ਆਸਰੇ ਮੈਂ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਵਾਂਗਾ ॥੨॥
50956	1182	ਸਰਬ ਕਲਾ ਪ੍ਰਭ ਤੁਮ੍ਹ ਪ੍ਰਬੀਨ॥		Sarab Kalaa Prabh Thumh Prabeen ||	You are the Expert, O God, in all powers.	ਹੇ ਪ੍ਰਭੂ! ਤੂੰ ਸਾਰੀਆਂ ਹੀ ਤਾਕਤਾਂ ਵਿਚ ਪੂਰਨ ਹੈਂ।
50957	1182	ਅੰਤੁ ਨ ਪਾਵਹਿ ਜਲਹਿ ਮੀਨ॥		Anth N Paavehi Jalehi Meen ||	The fish cannot find the limits of the water.	(ਅਸੀਂ ਜੀਵ ਤੇਰਾ ਅੰਤ ਨਹੀਂ ਪਾ ਸਕਦੇ, ਜਿਵੇਂ ਸਮੁੰਦਰ ਦੇ) ਪਾਣੀ ਦੀਆਂ ਮੱਛੀਆਂ (ਸਮੁੰਦਰ ਦਾ) ਅੰਤ ਨਹੀਂ ਪਾ ਸਕਦੀਆਂ।
50958	1182	ਅਗਮ ਅਗਮ ਊਚਹ ਤੇ ਊਚ॥		Agam Agam Oocheh Thae Ooch ||	You are Inaccessible and Unfathomable, the Highest of the High.	ਹੇ ਪ੍ਰਭੂ! ਤੂੰ ਅਪਹੁੰਚ ਹੈਂ, ਤੂੰ ਅਪਹੁੰਚ ਹੈਂ, ਤੂੰ ਉੱਚਿਆਂ ਤੋਂ ਉੱਚਾ ਹੈਂ।

50959	1182	ਹਮ ਥੋਰੇ ਤੁਮ ਬਹੁਤ ਮੂਚ॥੩॥		Ham Thhorae Thum Bahuth Mooch ||3||	I am small, and You are so very Great. ||3||	ਅਸੀਂ ਜੀਵ ਥੋੜ-ਵਿਤੇ ਹਾਂ, ਤੂੰ ਵੱਡੇ ਜਿਗਰੇ ਵਾਲਾ ਹੈਂ ॥੩॥
50960	1182	ਜਿਨ ਤੂ ਧਿਆਇਆ ਸੇ ਗਨੀ॥		Jin Thoo Dhhiaaeiaa Sae Ganee ||	Those who meditate on You are wealthy.	ਹੇ ਪ੍ਰਭੂ! ਜਿਨ੍ਹਾਂ ਮਨੁੱਖਾਂ ਨੇ ਤੇਰਾ ਨਾਮ ਸਿਮਰਿਆ ਹੈ, ਉਹ (ਅਸਲ) ਧਨਾਢ ਹਨ।
50961	1182	ਜਿਨ ਤੂ ਪਾਇਆ ਸੇ ਧਨੀ॥		Jin Thoo Paaeiaa Sae Dhhanee ||	Those who attain You are rich.	ਜਿਨ੍ਹਾਂ ਨੇ ਤੈਨੂੰ ਲੱਭ ਲਿਆ ਉਹ ਅਸਲ ਦੌਲਤਮੰਦ ਹਨ।
50962	1182	ਜਿਨਿ ਤੂ ਸੇਵਿਆ ਸੁਖੀ ਸੇ॥		Jin Thoo Saeviaa Sukhee Sae ||	Those who serve You are peaceful.	ਜਿਸ ਜਿਸ ਮਨੁੱਖ ਨੇ ਤੇਰੀ ਭਗਤੀ ਕੀਤੀ, ਉਹ ਸਭ ਸੁਖੀ ਹਨ,
50963	1182	ਸੰਤ ਸਰਣਿ ਨਾਨਕ ਪਰੇ॥੪॥੭॥		Santh Saran Naanak Parae ||4||7||	Nanak seeks the Sanctuary of the Saints. ||4||7||	ਹੇ ਨਾਨਕ! ਉਹ ਤੇਰੇ ਸੰਤ ਜਨਾਂ ਦੀ ਸਰਨ ਪਏ ਰਹਿੰਦੇ ਹਨ ॥੪॥੭॥
50964	1182	ਬਸੰਤੁ ਮਹਲਾ ੫॥		Basanth Mehalaa 5 ||	Basant, Fifth Mehl:	
50965	1182	ਤਿਸੁ ਤੂ ਸੇਵਿ ਜਿਨਿ ਤੂ ਕੀਆ॥		This Thoo Saev Jin Thoo Keeaa ||	Serve the One who created You.	ਜਿਸ ਪਰਮਾਤਮਾ ਨੇ ਤੈਨੂੰ ਪੈਦਾ ਕੀਤਾ ਹੈ, ਉਸ ਦੀ ਸੇਵਾ-ਭਗਤੀ ਕਰਿਆ ਕਰ।
50966	1182	ਤਿਸੁ ਅਰਾਧਿ ਜਿਨਿ ਜੀਉ ਦੀਆ॥		This Araadhh Jin Jeeo Dheeaa ||	Worship the One who gave you life.	ਜਿਸ ਨੇ ਤੈਨੂੰ ਜਿੰਦ ਦਿੱਤੀ ਹੈ ਉਸ ਦਾ ਨਾਮ ਸਿਮਰਿਆ ਕਰ।

50967	1182	ਤਿਸ ਕਾ ਚਾਕਰੁ ਹੋਹਿ ਫਿਰਿ ਡਾਨੁ ਨ ਲਾਗੈ॥		This Kaa Chaakar Hohi Fir Ddaan N Laagai ||	Become His servant, and you shall never again be punished.	ਜੇ ਤੂੰ ਉਸ (ਪਰਮਾਤਮਾ) ਦਾ ਦਾਸ ਬਣਿਆ ਰਹੇਂ, ਤਾਂ ਤੈਨੂੰ (ਜਮ ਆਦਿਕ ਕਿਸੇ ਵਲੋਂ ਭੀ) ਡੰਨ ਨਹੀਂ ਲੱਗ ਸਕਦਾ।
50968	1182	ਤਿਸ ਕੀ ਕਰਿ ਪੋਤਦਾਰੀ ਫਿਰਿ ਦੂਖੁ ਨ ਲਾਗੈ॥੧॥		This Kee Kar Pothadhaaree Fir Dhookh N Laagai ||1||	Become His trustee, and you shall never again suffer sorrow. ||1||	(ਬੇਅੰਤ ਭੰਡਾਰਿਆਂ ਦੇ ਮਾਲਕ) ਉਸ ਪਰਮਾਤਮਾ ਦਾ ਸਿਰਫ਼ ਭੰਡਾਰੀ ਬਣਿਆ ਰਹੁ (ਫਿਰ ਉਸ ਦੇ ਦਿੱਤੇ ਕਿਸੇ ਪਦਾਰਥ ਦੇ ਖੁੱਸ ਜਾਣ ਤੇ) ਤੈਨੂੰ ਕੋਈ ਦੁੱਖ ਨਹੀਂ ਵਿਆਪੇਗਾ ॥੧॥
50969	1182	ਏਵਡ ਭਾਗ ਹੋਹਿ ਜਿਸੁ ਪ੍ਰਾਣੀ॥		Eaevadd Bhaag Hohi Jis Praanee ||	That mortal who is blessed with such great good fortune,	ਜਿਸ ਮਨੁੱਖ ਦੇ ਬੜੇ ਵੱਡੇ ਭਾਗ ਹੋਣ,
50970	1182	ਸੋ ਪਾਏ ਇਹੁ ਪਦੁ ਨਿਰਬਾਣੀ॥੧॥ਰਹਾਉ॥		So Paaeae Eihu Padh Nirabaanee ||1|| Rehaao ||	Attains this state of Nirvaanaa. ||1||Pause||	ਉਸ ਮਨੁੱਖ ਨੂੰ ਉਹ ਆਤਮਕ ਅਵਸਥਾ ਪ੍ਰਾਪਤ ਹੋ ਜਾਂਦੀ ਹੈ ਜਿੱਥੇ ਕੋਈ ਵਾਸਨਾ ਪੋਹ ਨਹੀਂ ਸਕਦੀ ॥੧॥ ਰਹਾਉ ॥
50971	1182	ਦੂਜੀ ਸੇਵਾ ਜੀਵਨੁ ਬਿਰਥਾ॥		Dhoojee Saevaa Jeevan Birathhaa ||	Life is wasted uselessly in the service of duality.	(ਪਰਮਾਤਮਾ ਨੂੰ ਛੱਡ ਕੇ) ਕਿਸੇ ਹੋਰ ਦੀ ਖ਼ਿਦਮਤ ਵਿਚ ਜ਼ਿੰਦਗੀ ਵਿਅਰਥ ਚਲੀ ਜਾਂਦੀ ਹੈ,
50972	1182	ਕਛੂ ਨ ਹੋਈ ਹੈ ਪੂਰਨ ਅਰਥਾ॥		Kashhoo N Hoee Hai Pooran Arathhaa ||	No efforts shall be rewarded, and no works brought to fruition.	ਤੇ, ਲੋੜ ਭੀ ਕੋਈ ਪੂਰੀ ਨਹੀਂ ਹੁੰਦੀ।

50973	1182	ਮਾਣਸ ਸੇਵਾ ਖਰੀ ਦੁਹੇਲੀ॥		Maanas Saevaa Kharee Dhuhaelee ||	It is so painful to serve only mortal beings.	ਮਨੁੱਖ ਦੀ ਖ਼ਿਦਮਤ ਬਹੁਤ ਦੁਖਦਾਈ ਹੋਇਆ ਕਰਦੀ ਹੈ।
50974	1182	ਸਾਧ ਕੀ ਸੇਵਾ ਸਦਾ ਸੁਹੇਲੀ॥੨॥		Saadhh Kee Saevaa Sadhaa Suhaelee ||2||	Service to the Holy brings lasting peace and bliss. ||2||	ਗੁਰੂ ਦੀ ਸੇਵਾ ਸਦਾ ਹੀ ਸੁਖ ਦੇਣ ਵਾਲੀ ਹੁੰਦੀ ਹੈ ॥੨॥
50975	1182	ਜੇ ਲੋੜਹਿ ਸਦਾ ਸੁਖੁ ਭਾਈ॥		Jae Lorrehi Sadhaa Sukh Bhaaee ||	If you long for eternal peace, O Siblings of Destiny,	ਹੇ ਭਾਈ! ਜੇ ਤੂੰ ਚਾਹੁੰਦਾ ਹੈਂ ਕਿ ਸਦਾ ਆਤਮਕ ਆਨੰਦ ਮਿਲਿਆ ਰਹੇ,
50976	1182	ਸਾਧੂਸੰਗਤਿ ਗੁਰਹਿ ਬਤਾਈ॥		Saadhhoo Sangath Gurehi Bathaaee ||	Then join the Saadh Sangat, the Company of the Holy; this is the Guru's advice.	ਤਾਂ, ਗੁਰੂ ਨੇ ਦੱਸਿਆ ਹੈ ਕਿ ਸਾਧ ਸੰਗਤ ਕਰਿਆ ਕਰ।
50977	1182	ਊਹਾ ਜਪੀਐ ਕੇਵਲ ਨਾਮ॥		Oohaa Japeeai Kaeval Naam ||	There, the Naam, the Name of the Lord, is meditated on.	ਸਾਧ ਸੰਗਤ ਵਿਚ ਸਿਰਫ਼ ਪਰਮਾਤਮਾ ਦਾ ਨਾਮ ਜਪੀਦਾ ਹੈ,
50978	1182	ਸਾਧੂਸੰਗਤਿ ਪਾਰਗਰਾਮ॥੩॥	(ਪਾਰ-ਗਰਾਮ) ਗਰਾਮ ਸਮੂਹ ਔਗੁਣਾਂ ਤੋਂ ਪਾਰ ਲੈ ਜਾਂਦੀ ਹੈ	Saadhhoo Sangath Paaragaraam ||3||	In the Saadh Sangat, you shall be emancipated. ||3||	ਸਾਧ ਸੰਗਤ ਵਿਚ ਟਿਕ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਜੋਗਾ ਹੋ ਜਾਈਦਾ ਹੈ ॥੩॥
50979	1182	ਸਗਲ ਤਤ ਮਹਿ ਤਤੁ ਗਿਆਨੁ॥		Sagal Thath Mehi Thath Giaan ||	Among all essences, this is the essence of spiritual wisdom.	ਪਰਮਾਤਮਾ ਨਾਲ ਜਾਣ-ਪਛਾਣ ਬਣਾਈ ਸਭ ਵਿਚਾਰਾਂ ਨਾਲੋਂ ਸ੍ਰੇਸ਼ਟ ਵਿਚਾਰ ਹੈ।
50980	1182	ਸਰਬ ਧਿਆਨ ਮਹਿ ਏਕੁ ਧਿਆਨੁ॥		Sarab Dhhiaan Mehi Eaek Dhhiaan ||	Among all meditations, meditation on the One Lord is the most sublime.	ਪਰਮਾਤਮਾ ਵਿਚ ਸੁਰਤ ਟਿਕਾਈ ਰੱਖਣੀ ਹੋਰ ਸਾਰੀਆਂ ਸਮਾਧੀਆਂ ਨਾਲੋਂ ਵਧੀਆ ਸਮਾਧੀ ਹੈ।

50981	1182	ਹਰਿ ਕੀਰਤਨ ਮਹਿ ਊਤਮ ਧੁਨਾ॥		Har Keerathan Mehi Ootham Dhhunaa ||	The Kirtan of the Lord's Praises is the ultimate melody.	ਪਰਮਾਤਮਾ ਦੀ ਸਿਫ਼ਤ-ਸਾਲਾਹ ਵਿਚ ਸੁਰਤ ਜੋੜਨੀ ਸਭ ਤੋਂ ਸ੍ਰੇਸ਼ਟ ਕੰਮ ਹੈ।
50982	1182	ਨਾਨਕ ਗੁਰ ਮਿਲਿ ਗਾਇ ਗੁਨਾ॥੪॥੮॥		Naanak Gur Mil Gaae Gunaa ||4||8||	Meeting with the Guru, Nanak sings the Glorious Praises of the Lord. ||4||8||	ਹੇ ਨਾਨਕ! ਗੁਰੂ ਨੂੰ ਮਿਲ ਕੇ ਗੁਣ ਗਾਂਦਾ ਰਿਹਾ ਕਰ ॥੪॥੮॥
50983	1182	ਬਸੰਤੁ ਮਹਲਾ ੫॥		Basanth Mehalaa 5 ||	Basant, Fifth Mehl:	
50984	1182	ਜਿਸੁ ਬੋਲਤ ਮੁਖੁ ਪਵਿਤੁ ਹੋਇ॥		Jis Bolath Mukh Pavith Hoe ||	Chanting His Name, one's mouth becomes pure.	(ਉਹ ਹਰਿ-ਨਾਮ ਉਚਾਰਿਆ ਕਰ) ਜਿਸ ਨੂੰ ਉਚਾਰਦਿਆਂ ਮੂੰਹ ਪਵਿੱਤਰ ਹੋ ਜਾਂਦਾ ਹੈ,
50985	1182	ਜਿਸੁ ਸਿਮਰਤ ਨਿਰਮਲ ਹੈ ਸੋਇ॥		Jis Simarath Niramal Hai Soe ||	Meditating in remembrance on Him, one's reputation becomes stainless.	ਜਿਸ ਨੂੰ ਸਿਮਰਦਿਆਂ (ਲੋਕ ਪਰਲੋਕ ਵਿਚ) ਬੇ-ਦਾਗ਼ ਸੋਭਾ ਮਿਲਦੀ ਹੈ,
50986	1182	ਜਿਸੁ ਅਰਾਧੇ ਜਮੁ ਕਿਛੁ ਨ ਕਹੈ॥		Jis Araadhhae Jam Kishh N Kehai ||	Worshipping Him in adoration, one is not tortured by the Messenger of Death.	ਜਿਸ ਨੂੰ ਅਰਾਧਦਿਆਂ ਜਮ-ਰਾਜ ਕੁਝ ਨਹੀਂ ਆਖਦਾ (ਡਰਾ ਨਹੀਂ ਸਕਦਾ),
50987	1182	ਜਿਸ ਕੀ ਸੇਵਾ ਸਭੁ ਕਿਛੁ ਲਹੈ॥੧॥		Jis Kee Saevaa Sabh Kishh Lehai ||1||	Serving Him, everything is obtained. ||1||	ਜਿਸ ਦੀ ਸੇਵਾ-ਭਗਤੀ ਨਾਲ (ਮਨੁੱਖ) ਹਰੇਕ (ਲੋੜੀਂਦੀ) ਚੀਜ਼ ਹਾਸਲ ਕਰ ਲੈਂਦਾ ਹੈ ॥੧॥
50988	1182	ਰਾਮ ਰਾਮ ਬੋਲਿ ਰਾਮ ਰਾਮ॥		Raam Raam Bol Raam Raam ||	The Lord's Name - chant the Lord's Name.	ਸਦਾ (ਉਸ) ਪਰਮਾਤਮਾ ਦਾ ਨਾਮ ਉਚਾਰਿਆ ਕਰ, ਹਰਿ-ਨਾਮ ਉਚਾਰਿਆ ਕਰ।

50989	1182	ਤਿਆਗਹੁ ਮਨ ਕੇ ਸਗਲ ਕਾਮ॥੧॥ਰਹਾਉ॥		Thiaagahu Man Kae Sagal Kaam ||1|| Rehaao ||	Abandon all the desires of your mind. ||1||Pause||	ਆਪਣੇ ਮਨ ਦੀਆਂ ਹੋਰ ਸਾਰੀਆਂ ਵਾਸ਼ਨਾਂ ਛੱਡ ਦੇਹ ॥੧॥ ਰਹਾਉ ॥
50990	1182	ਜਿਸ ਕੇ ਧਾਰੇ ਧਰਣਿ ਅਕਾਸੁ॥		Jis Kae Dhhaarae Dhharan Akaas ||	He is the Support of the earth and the sky.	(ਉਸ ਪਰਮਾਤਮਾ ਦਾ ਨਾਮ ਸਿਮਰਿਆ ਕਰ) ਧਰਤੀ ਤੇ ਆਕਾਸ਼ ਜਿਸ ਦੇ ਟਿਕਾਏ ਹੋਏ ਹਨ,
50991	1182	ਘਟਿ ਘਟਿ ਜਿਸ ਕਾ ਹੈ ਪ੍ਰਗਾਸੁ॥		Ghatt Ghatt Jis Kaa Hai Pragaas ||	His Light illuminates each and every heart.	ਜਿਸ ਦਾ ਨੂਰ ਹਰੇਕ ਸਰੀਰ ਵਿਚ ਹੈ,
50992	1182	ਜਿਸੁ ਸਿਮਰਤ ਪਤਿਤ ਪੁਨੀਤ ਹੋਇ॥		Jis Simarath Pathith Puneeth Hoe ||	Meditating in remembrance on Him, even fallen sinners are sanctified;	ਜਿਸ ਨੂੰ ਸਿਮਰਦਿਆਂ ਵਿਕਾਰੀ ਮਨੁੱਖ (ਭੀ) ਸੁੱਚੇ ਜੀਵਨ ਵਾਲਾ ਹੋ ਜਾਂਦਾ ਹੈ,
50993	1182	ਅੰਤ ਕਾਲਿ ਫਿਰਿ ਫਿਰਿ ਨ ਰੋਇ॥੨॥		Anth Kaal Fir Fir N Roe ||2||	In the end, they will not weep and wail over and over again. ||2||	(ਤੇ, ਜਿਸ ਦੀ ਬਰਕਤਿ ਨਾਲ) ਅੰਤ ਸਮੇ (ਮਨੁੱਖ) ਮੁੜ ਮੁੜ ਦੁਖੀ ਨਹੀਂ ਹੁੰਦਾ ॥੨॥
50994	1182	ਸਗਲ ਧਰਮ ਮਹਿ ਊਤਮ ਧਰਮ॥		Sagal Dhharam Mehi Ootham Dhharam ||	Among all religions, this is the ultimate religion.	(ਪਰਮਾਤਮਾ ਦਾ ਨਾਮ ਸਿਮਰਿਆ ਕਰ) ਸਾਰੇ ਧਰਮਾਂ ਵਿਚੋਂ (ਨਾਮ-ਸਿਮਰਨ ਹੀ) ਸਭ ਤੋਂ ਸ੍ਰੇਸ਼ਟ ਧਰਮ ਹੈ,
50995	1182	ਕਰਮ ਕਰਤੂਤਿ ਕੈ ਊਪਰਿ ਕਰਮ॥		Karam Karathooth Kai Oopar Karam ||	Among all rituals and codes of conduct, this is above all.	ਇਹੀ ਕਰਮ ਹੋਰ ਸਾਰੇ ਧਾਰਮਿਕ ਕਰਮਾਂ ਨਾਲੋਂ ਉੱਤਮ ਹੈ।

50996	1182	ਜਿਸ ਕਉ ਚਾਹਹਿ ਸੁਰਿ ਨਰ ਦੇਵ॥		Jis Ko Chaahehi Sur Nar Dhaev ||	The angels, mortals and divine beings long for Him.	(ਉਸ ਪਰਮਾਤਮਾ ਨੂੰ ਯਾਦ ਕਰਿਆ ਕਰ) ਜਿਸ ਨੂੰ (ਮਿਲਣ ਲਈ) ਦੈਵੀ ਗੁਣਾਂ ਵਾਲੇ ਮਨੁੱਖ ਅਤੇ ਦੇਵਤੇ ਭੀ ਲੋਚਦੇ ਹਨ।
50997	1182	ਸੰਤ ਸਭਾ ਕੀ ਲਗਹੁ ਸੇਵ॥੩॥		Santh Sabhaa Kee Lagahu Saev ||3||	To find Him, commit yourself to the service of the Society of the Saints. ||3||	ਸਾਧ ਸੰਗਤ ਦੀ ਸੇਵਾ ਕਰਿਆ ਕਰ (ਸਾਧ ਸੰਗਤ ਵਿਚੋਂ ਹੀ ਨਾਮ-ਸਿਮਰਨ ਦੀ ਦਾਤ ਮਿਲਦੀ ਹੈ) ॥੩॥
50998	1182	ਆਦਿ ਪੁਰਖਿ ਜਿਸੁ ਕੀਆ ਦਾਨੁ॥		Aadh Purakh Jis Keeaa Dhaan ||	One whom the Primal Lord God blesses with His bounties,	ਸਭ ਦੇ ਮੂਲ ਅਤੇ ਸਰਬ-ਵਿਆਪਕ ਪ੍ਰਭੂ ਨੇ ਜਿਸ ਮਨੁੱਖ ਨੂੰ ਦਾਤ ਬਖ਼ਸ਼ੀ,
50999	1182	ਤਿਸ ਕਉ ਮਿਲਿਆ ਹਰਿ ਨਿਧਾਨੁ॥		This Ko Miliaa Har Nidhhaan ||	Obtains the treasure of the Lord.	ਉਸ ਨੂੰ ਹਰਿ-ਨਾਮ ਦਾ ਖ਼ਜ਼ਾਨਾ ਮਿਲ ਗਿਆ।
51000	1182	ਤਿਸ ਕੀ ਗਤਿ ਮਿਤਿ ਕਹੀ ਨ ਜਾਇ॥		This Kee Gath Mith Kehee N Jaae ||	His state and extent cannot be described.	ਉਸ ਦੀ ਬਾਬਤ ਇਹ ਨਹੀਂ ਦੱਸਿਆ ਜਾ ਸਕਦਾ ਕਿ ਉਹ ਕਿਹੋ ਜਿਹਾ ਹੈ ਅਤੇ ਕੇਡਾ ਵੱਡਾ ਹੈ।
51001	1182	ਨਾਨਕ ਜਨ ਹਰਿ ਹਰਿ ਧਿਆਇ॥੪॥੯॥		Naanak Jan Har Har Dhhiaae ||4||9||	Servant Nanak meditates on the Lord, Har, Har. ||4||9||	ਹੇ ਦਾਸ ਨਾਨਕ! ਸਦਾ ਪਰਮਾਤਮਾ ਦਾ ਨਾਮ ਸਿਮਰਿਆ ਕਰ ॥੪॥੯॥
51002	1182	ਬਸੰਤੁ ਮਹਲਾ ੫॥		Basanth Mehalaa 5 ||	Basant, Fifth Mehl:	

51003	1182	ਮਨ ਤਨ ਭੀਤਰਿ ਲਾਗੀ ਪਿਆਸ॥		Man Than Bheethar Laagee Piaas ||	My mind and body are gripped by thirst and desire.	(ਹੁਣ) ਮੇਰੇ ਮਨ ਵਿਚ ਮੇਰੇ ਤਨ ਵਿਚ (ਹਰਿ-ਨਾਮ ਦੀ) ਲਗਨ ਬਣ ਗਈ ਹੈ।
51004	1182	ਗੁਰਿ ਦਇਆਲਿ ਪੂਰੀ ਮੇਰੀ ਆਸ॥		Gur Dhaeiaal Pooree Maeree Aas ||	The Merciful Guru has fulfilled my hopes.	ਦਇਆਵਾਨ ਗੁਰੂ ਨੇ ਮੇਰੀ (ਚਿਰਾਂ ਦੀ) ਆਸ ਪੂਰੀ ਕਰ ਦਿੱਤੀ ਹੈ।
51005	1182	ਕਿਲਵਿਖ ਕਾਟੇ ਸਾਧਸੰਗਿ॥		Kilavikh Kaattae Saadhhasang ||	In the Saadh Sangat, the Company of the Holy, all my sins have been taken away.	ਗੁਰੂ ਦੀ ਸੰਗਤ ਵਿਚ (ਮੇਰੇ ਸਾਰੇ) ਪਾਪ ਕੱਟੇ ਗਏ ਹਨ,
51006	1182	ਨਾਮੁ ਜਪਿਓ ਹਰਿ ਨਾਮ ਰੰਗਿ॥੧॥		Naam Japiou Har Naam Rang ||1||	I chant the Naam, the Name of the Lord; I am in love with the Name of the Lord. ||1||	(ਕਿਉਂਕਿ ਗੁਰੂ ਦੀ ਕਿਰਪਾ ਨਾਲ) ਮੈਂ ਪ੍ਰੇਮ-ਰੰਗ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਜਪ ਰਿਹਾ ਹਾਂ ॥੧॥
51007	1182	ਗੁਰ ਪਰਸਾਦਿ ਬਸੰਤੁ ਬਨਾ॥		Gur Parasaadh Basanth Banaa ||	By Guru's Grace, this spring of the soul has come.	ਗੁਰੂ ਦੀ ਕਿਰਪਾ ਨਾਲ (ਮੇਰੇ ਅੰਦਰ) ਬਸੰਤ (ਰੁੱਤ ਵਾਲਾ ਖਿੜਾਉ) ਬਣ ਗਿਆ ਹੈ।
51008	1182	ਚਰਨਕਮਲ ਹਿਰਦੈ ਉਰਿ ਧਾਰੇ ਸਦਾ ਸਦਾ ਹਰਿ ਜਸੁ ਸੁਨਾ॥੧॥ਰਹਾਉ॥		Charan Kamal Hiradhai Our Dhhaarae Sadhaa Sadhaa Har Jas Sunaa ||1|| Rehaao ||	I enshrine the Lord's Lotus Feet within my heart; I listen to the Lord's Praise, forever and ever. ||1||Pause||	(ਗੁਰੂ ਦੀ ਮਿਹਰ ਨਾਲ) ਮੈਂ ਪਰਮਾਤਮਾ ਦੇ ਸੋਹਣੇ ਚਰਨ ਆਪਣੇ ਹਿਰਦੇ ਦਿਲ ਵਿਚ ਵਸਾ ਲਏ ਹਨ। ਹੁਣ ਮੈਂ ਹਰ ਵੇਲੇ ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣਦਾ ਹਾਂ ॥੧॥ ਰਹਾਉ ॥
51009	1183	ਸਮਰਥ ਸੁਆਮੀ ਕਾਰਣ ਕਰਣ॥	ਸਮਰੱਥ	Samarathh Suaamee Kaaran Karan ||	Our All-powerful Lord and Master is the Doer of all, the Cause of all causes.	ਹੇ ਸਭ ਤਾਕਤਾਂ ਦੇ ਮਾਲਕ! ਹੇ ਸੁਆਮੀ! ਹੇ ਜਗਤ ਦੇ ਮੂਲ!

51010	1183	ਮੋਹਿ ਅਨਾਥ ਪ੍ਰਭ ਤੇਰੀ ਸਰਣ॥		Mohi Anaathh Prabh Thaeree Saran ||	I am an orphan - I seek Your Sanctuary, God.	ਹੇ ਪ੍ਰਭੂ! ਮੈਂ ਅਨਾਥ ਤੇਰੀ ਸਰਨ ਆਇਆ ਹਾਂ।
51011	1183	ਜੀਅ ਜੰਤ ਤੇਰੇ ਆਧਾਰਿ॥		Jeea Janth Thaerae Aadhhaar ||	All beings and creatures take Your Support.	ਹੇ ਪ੍ਰਭੂ! ਸਾਰੇ ਜੀਅ ਜੰਤ ਤੇਰੇ ਹੀ ਆਸਰੇ ਹਨ।
51012	1183	ਕਰਿ ਕਿਰਪਾ ਪ੍ਰਭ ਲੇਹਿ ਨਿਸਤਾਰਿ॥੨॥		Kar Kirapaa Prabh Laehi Nisathaar ||2||	Be merciful, God, and save me. ||2||	ਮਿਹਰ ਕਰ ਕੇ (ਇਹਨਾਂ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈ ॥੨॥
51013	1183	ਭਵ ਖੰਡਨ ਦੁਖ ਨਾਸ ਦੇਵ॥		Bhav Khanddan Dhukh Naas Dhaev ||	God is the Destroyer of fear, the Remover of pain and suffering.	ਪਰਮਾਤਮਾ ਜੋ ਜਨਮ ਮਰਨ ਦਾ ਗੇੜ ਕੱਟਣ ਵਾਲਾ ਹੈ, ਦੁੱਖਾਂ ਦਾ ਨਾਸ ਕਰਨ ਵਾਲਾ ਅਤੇ ਚਾਨਣ-ਰੂਪ ਹੈ,
51014	1183	ਸੁਰਿ ਨਰ ਮੁਨਿ ਜਨ ਤਾ ਕੀ ਸੇਵ॥		Sur Nar Mun Jan Thaa Kee Saev ||	The angelic beings and silent sages serve Him.	ਦੈਵੀ ਗੁਣਾਂ ਵਾਲੇ ਮਨੁੱਖ ਅਤੇ ਮੁਨੀ ਲੋਕ ਉਸ ਦੀ ਸੇਵਾ-ਭਗਤੀ ਕਰਦੇ ਹਨ।
51015	1183	ਧਰਣਿ ਅਕਾਸੁ ਜਾ ਕੀ ਕਲਾ ਮਾਹਿ॥		Dhharan Akaas Jaa Kee Kalaa Maahi ||	The earth and the sky are in His Power.	ਧਰਤੀ ਅਤੇ ਆਕਾਸ਼ ਜਿਸ (ਪਰਮਾਤਮਾ) ਦੀ ਸੱਤਿਆ ਦੇ ਆਸਰੇ ਟਿਕੇ ਹੋਏ ਹਨ।
51016	1183	ਤੇਰਾ ਦੀਆ ਸਭਿ ਜੰਤ ਖਾਹਿ॥੩॥		Thaeraa Dheeaa Sabh Janth Khaahi ||3||	All beings eat what You give them. ||3||	ਹੇ ਪ੍ਰਭੂ! ਸਾਰੇ ਜੀਵ ਤੇਰਾ ਦਿੱਤਾ (ਅੰਨ) ਖਾਂਦੇ ਹਨ ॥੩॥
51017	1183	ਅੰਤਰਜਾਮੀ ਪ੍ਰਭ ਦਇਆਲ॥		Antharajaamee Prabh Dhaeiaal ||	O Merciful God, O Searcher of hearts,	ਹੇ ਸਭ ਦੇ ਦਿਲਾਂ ਦੀ ਜਾਣਨ ਵਾਲੇ ਦਇਆਲ ਪ੍ਰਭੂ!

51018	1183	ਅਪਨੇ ਦਾਸ ਕਉ ਨਦਰਿ ਨਿਹਾਲਿ॥		Apanae Dhaas Ko Nadhar Nihaal ||	Please bless Your slave with Your Glance of Grace.	ਆਪਣੇ ਦਾਸ ਨੂੰ ਮਿਹਰ ਦੀ ਨਿਗਾਹ ਨਾਲ ਵੇਖ।
51019	1183	ਕਰਿ ਕਿਰਪਾ ਮੋਹਿ ਦੇਹੁ ਦਾਨੁ॥		Kar Kirapaa Mohi Dhaehu Dhaan ||	Please be kind and bless me with this gift,	ਮਿਹਰ ਕਰ ਕੇ ਮੈਨੂੰ (ਇਹ) ਦਾਨ ਦੇਹ,
51020	1183	ਜਪਿ ਜੀਵੈ ਨਾਨਕੁ ਤੇਰੋ ਨਾਮੁ॥੪॥੧੦॥		Jap Jeevai Naanak Thaero Naam ||4||10||	That Nanak may live in Your Name. ||4||10||	ਕਿ (ਤੇਰਾ ਦਾਸ) ਨਾਨਕ ਤੇਰਾ ਨਾਮ ਜਪ ਕੇ ਆਤਮਕ ਜੀਵਨ ਪ੍ਰਾਪਤ ਕਰੇ ॥੪॥੧੦॥
51021	1183	ਬਸੰਤੁ ਮਹਲਾ ੫॥		Basanth Mehalaa 5 ||	Basant, Fifth Mehl:	
51022	1183	ਰਾਮ ਰੰਗਿ ਸਭ ਗਏ ਪਾਪ॥		Raam Rang Sabh Geae Paap ||	Loving the Lord, one's sins are taken away.	ਪਰਮਾਤਮਾ ਦੇ ਪਿਆਰ ਵਿਚ (ਟਿਕਿਆਂ) ਸਾਰੇ ਪਾਪ ਮਿਟ ਜਾਂਦੇ ਹਨ,
51023	1183	ਰਾਮ ਜਪਤ ਕਛੁ ਨਹੀ ਸੰਤਾਪ॥		Raam Japath Kashh Nehee Santhaap ||	Meditating on the Lord, one does not suffer at all.	ਪਰਮਾਤਮਾ ਦਾ ਨਾਮ ਜਪਦਿਆਂ ਕੋਈ ਦੁੱਖ ਕਲੇਸ਼ ਪੋਹ ਨਹੀਂ ਸਕਦੇ,
51024	1183	ਗੋਬਿੰਦ ਜਪਤ ਸਭਿ ਮਿਟੇ ਅੰਧੇਰ॥		Gobindh Japath Sabh Mittae Andhhaer ||	Meditating on the Lord of the Universe, all darkness is dispelled.	ਗੋਬਿੰਦ ਦਾ ਨਾਮ ਜਪਦਿਆਂ (ਮਾਇਆ ਦੇ ਮੋਹ ਦੇ) ਸਾਰੇ ਹਨੇਰੇ ਮਿਟ ਜਾਂਦੇ ਹਨ,
51025	1183	ਹਰਿ ਸਿਮਰਤ ਕਛੁ ਨਾਹਿ ਫੇਰ॥੧॥		Har Simarath Kashh Naahi Faer ||1||	Meditating in remembrance on the Lord, the cycle of reincarnation comes to an end. ||1||	ਹਰਿ-ਨਾਮ ਸਿਮਰਦਿਆਂ ਜਨਮ ਮਰਨ ਦੇ ਗੇੜ ਨਹੀਂ ਰਹਿ ਜਾਂਦੇ ॥੧॥

51026	1183	ਬਸੰਤੁ ਹਮਾਰੈ ਰਾਮ ਰੰਗੁ॥		Basanth Hamaarai Raam Rang ||	The love of the Lord is springtime for me.	(ਹੁਣ) ਮੇਰੇ ਅੰਦਰ ਪਰਮਾਤਮਾ (ਦੇ ਨਾਮ) ਦਾ ਪਿਆਰ ਬਣ ਗਿਆ ਹੈ, ਮੇਰੇ ਹਿਰਦੇ ਵਿਚ ਖਿੜਾਉ ਪੈਦਾ ਹੋ ਗਿਆ ਹੈ।
51027	1183	ਸੰਤ ਜਨਾ ਸਿਉ ਸਦਾ ਸੰਗੁ॥੧॥ਰਹਾਉ॥		Santh Janaa Sio Sadhaa Sang ||1|| Rehaao ||	I am always with the humble Saints. ||1||Pause||	(ਗੁਰੂ ਦੀ ਕਿਰਪਾ ਨਾਲ) ਸੰਤ ਜਨਾਂ ਨਾਲ (ਮੇਰਾ) ਸਦਾ ਸਾਥ ਬਣਿਆ ਰਹਿੰਦਾ ਹੈ ॥੧॥ ਰਹਾਉ ॥
51028	1183	ਸੰਤ ਜਨੀ ਕੀਆ ਉਪਦੇਸੁ॥		Santh Janee Keeaa Oupadhaes ||	The Saints have shared the Teachings with me.	ਸੰਤ ਜਨਾਂ ਨੇ ਇਹ ਸਿੱਖਿਆ ਦਿੱਤੀ ਹੈ,
51029	1183	ਜਹ ਗੋਬਿੰਦ ਭਗਤੁ ਸੋ ਧੰਨਿ ਦੇਸੁ॥		Jeh Gobindh Bhagath So Dhhann Dhaes ||	Blessed is that country where the devotees of the Lord of the Universe dwell.	ਕਿ ਜਿੱਥੇ ਪਰਮਾਤਮਾ ਦਾ ਭਗਤ ਵੱਸਦਾ ਹੈ ਉਹ ਦੇਸ ਭਾਗਾਂ ਵਾਲਾ ਹੈ।
51030	1183	ਹਰਿ ਭਗਤਿ ਹੀਨ ਉਦਿਆਨ ਥਾਨੁ॥		Har Bhagathiheen Oudhiaan Thhaan ||	But that place where the Lord's devotees are not, is wilderness.	ਅਤੇ ਪਰਮਾਤਮਾ ਦੀ ਭਗਤੀ ਤੋਂ ਸੱਖਣਾ ਥਾਂ ਉਜਾੜ (ਬਰਾਬਰ) ਹੈ।
51031	1183	ਗੁਰ ਪ੍ਰਸਾਦਿ ਘਟਿ ਘਟਿ ਪਛਾਨੁ॥੨॥		Gur Prasaadh Ghatt Ghatt Pashhaan ||2||	By Guru's Grace, realize the Lord in each and every heart. ||2||	ਗੁਰੂ ਦੀ ਕਿਰਪਾ ਨਾਲ (ਤੂੰ ਉਸ ਪਰਮਾਤਮਾ ਨੂੰ) ਹਰੇਕ ਸਰੀਰ ਵਿਚ ਵੱਸਦਾ ਸਮਝ ॥੨॥
51032	1183	ਹਰਿ ਕੀਰਤਨ ਰਸ ਭੋਗ ਰੰਗੁ॥		Har Keerathan Ras Bhog Rang ||	Sing the Kirtan of the Lord's Praises, and enjoy the nectar of His Love.	ਹੇ (ਮੇਰੇ) ਮਨ! ਪਰਮਾਤਮਾ ਦੀ ਸਿਫ਼ਤ-ਸਾਲਾਹ ਨੂੰ ਹੀ ਦੁਨੀਆ ਦੇ ਰਸਾਂ ਭੋਗਾਂ ਦੀ ਮੌਜ-ਬਹਾਰ ਸਮਝ।

51033	1183	ਮਨ ਪਾਪ ਕਰਤ ਤੂ ਸਦਾ ਸੰਗੁ॥		Man Paap Karath Thoo Sadhaa Sang ||	O mortal, you must always restrain yourself from committing sins.	ਹੇ ਮਨ! ਪਾਪ ਕਰਦਿਆਂ ਸਦਾ ਝਿਜਕਿਆ ਕਰ।
51034	1183	ਨਿਕਟਿ ਪੇਖੁ ਪ੍ਰਭੁ ਕਰਣਹਾਰ॥		Nikatt Paekh Prabh Karanehaar ||	Behold the Creator Lord God near at hand.	ਸਭ ਕੁਝ ਕਰ ਸਕਣ ਵਾਲੇ ਪ੍ਰਭੂ ਨੂੰ (ਆਪਣੇ) ਨੇੜੇ ਵੱਸਦਾ ਵੇਖ।
51035	1183	ਈਤ ਊਤ ਪ੍ਰਭ ਕਾਰਜ ਸਾਰ॥੩॥		Eeth Ooth Prabh Kaaraj Saar ||3||	Here and hereafter, God shall resolve your affairs. ||3||	ਇਸ ਲੋਕ ਅਤੇ ਪਰਲੋਕ ਦੇ ਸਾਰੇ ਕੰਮ ਪ੍ਰਭੂ ਹੀ ਸੰਵਾਰਨ ਵਾਲਾ ਹੈ ॥੩॥
51036	1183	ਚਰਨਕਮਲ ਸਿਉ ਲਗੋ ਧਿਆਨੁ॥		Charan Kamal Sio Lago Dhhiaan ||	I focus my meditation on the Lord's Lotus Feet.	ਉਸ ਮਨੁੱਖ ਦੀ ਸੁਰਤ ਪ੍ਰਭੂ ਦੇ ਸੋਹਣੇ ਚਰਨਾਂ ਵਿਚ ਜੁੜ ਗਈ,
51037	1183	ਕਰਿ ਕਿਰਪਾ ਪ੍ਰਭਿ ਕੀਨੋ ਦਾਨੁ॥		Kar Kirapaa Prabh Keeno Dhaan ||	Granting His Grace, God has blessed me with this Gift.	ਪ੍ਰਭੂ ਨੇ ਮਿਹਰ ਕਰ ਕੇ (ਜਿਸ ਉੱਤੇ) ਬਖ਼ਸ਼ਸ਼ ਕੀਤੀ।
51038	1183	ਤੇਰਿਆ ਸੰਤ ਜਨਾ ਕੀ ਬਾਛਉ ਧੂਰਿ॥		Thaeriaa Santh Janaa Kee Baashho Dhhoor ||	I yearn for the dust of the feet of Your Saints.	ਮੈਂ ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ,
51039	1183	ਜਪਿ ਨਾਨਕ ਸੁਆਮੀ ਸਦ ਹਜੂਰਿ॥੪॥੧੧॥		Jap Naanak Suaamee Sadh Hajoor ||4||11||	Nanak meditates on his Lord and Master, who is ever-present, near at hand. ||4||11||	(ਤਾ ਕਿ) ਹੇ ਸੁਆਮੀ! (ਉਹਨਾਂ ਦੀ ਸੰਗਤ ਦੀ ਬਰਕਤਿ ਨਾਲ ਤੈਨੂੰ) (ਦਾਸ) ਨਾਨਕ ਸਦਾ ਅੰਗ-ਸੰਗ ਸਮਝ ਕੇ ਜਪਦਾ ਰਹੇ ॥੪॥੧੧॥
51040	1183	ਬਸੰਤੁ ਮਹਲਾ ੫॥		Basanth Mehalaa 5 ||	Basant, Fifth Mehl:	

51041	1183	ਸਚੁ ਪਰਮੇਸਰੁ ਨਿਤ ਨਵਾ॥		Sach Paramaesar Nith Navaa ||	The True Transcendent Lord is always new, forever fresh.	ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ, (ਫਿਰ ਉਹ ਪਿਆਰਾ ਲੱਗਦਾ ਹੈ ਕਿਉਂਕਿ ਉਹ) ਸਦਾ ਹੀ ਨਵਾਂ ਹੈ।
51042	1183	ਗੁਰ ਕਿਰਪਾ ਤੇ ਨਿਤ ਚਵਾ॥		Gur Kirapaa Thae Nith Chavaa ||	By Guru's Grace, I continually chant His Name.	ਗੁਰੂ ਦੀ ਮਿਹਰ ਨਾਲ ਮੈਂ ਸਦਾ (ਉਸ ਦਾ ਨਾਮ) ਉਚਾਰਦਾ ਹਾਂ।
51043	1183	ਪ੍ਰਭ ਰਖਵਾਲੇ ਮਾਈ ਬਾਪ॥		Prabh Rakhavaalae Maaee Baap ||	God is my Protector, my Mother and Father.	(ਜਿਵੇਂ) ਮਾਪੇ (ਆਪਣੇ ਬੱਚੇ ਦਾ ਸਦਾ ਧਿਆਨ ਰੱਖਦੇ ਹਨ, ਤਿਵੇਂ) ਪ੍ਰਭੂ ਜੀ ਸਦਾ (ਮੇਰੇ) ਰਾਖੇ ਹਨ,
51044	1183	ਜਾ ਕੈ ਸਿਮਰਣਿ ਨਹੀ ਸੰਤਾਪ॥੧॥		Jaa Kai Simaran Nehee Santhaap ||1||	Meditating in remembrance on Him, I do not suffer in sorrow. ||1||	(ਉਹ ਪ੍ਰਭੂ ਐਸਾ ਹੈ) ਕਿ ਉਸ ਦੇ ਸਿਮਰਨ ਨਾਲ ਕੋਈ ਦੁੱਖ-ਕਲੇਸ਼ ਪੋਹ ਨਹੀਂ ਸਕਦੇ ॥੧॥
51045	1183	ਖਸਮੁ ਧਿਆਈ ਇਕ ਮਨਿ ਇਕ ਭਾਇ॥		Khasam Dhhiaaee Eik Man Eik Bhaae ||	I meditate on my Lord and Master, single-mindedly, with love.	(ਹੁਣ) ਮੈਂ ਇਕਾਗ੍ਰ ਮਨ ਨਾਲ ਉਸੇ ਦੇ ਪਿਆਰ ਵਿਚ ਟਿਕ ਕੇ ਉਸ ਖਸਮ-ਪ੍ਰਭੂ ਨੂੰ ਸਿਮਰਦਾ ਰਹਿੰਦਾ ਹਾ,
51046	1183	ਗੁਰ ਪੂਰੇ ਕੀ ਸਦਾ ਸਰਣਾਈ ਸਾਚੈ ਸਾਹਿਬਿ ਰਖਿਆ ਕੰਠਿ ਲਾਇ॥੧॥ਰਹਾਉ॥		Gur Poorae Kee Sadhaa Saranaaee Saachai Saahib Rakhiaa Kanth Laae ||1|| Rehaao ||	I seek the Sanctuary of the Perfect Guru forever. My True Lord and Master hugs me close in His Embrace. ||1||Pause||	ਪੂਰੇ ਗੁਰੂ ਦੀ ਸਦਾ ਸਰਨ ਪਿਆ ਰਹਿੰਦਾ ਹਾਂ (ਉਸ ਦੀ ਮਿਹਰ ਨਾਲ) ਸਦਾ ਕਾਇਮ ਰਹਿਣ ਵਾਲੇ ਮਾਲਕ-ਪ੍ਰਭੂ ਨੇ (ਮੈਨੂੰ) ਆਪਣੇ ਗਲ ਨਾਲ ਲਾ ਕੇ ਰੱਖਿਆ ਕੀਤੀ ਹੋਈ ਹੈ ॥੧॥ ਰਹਾਉ ॥

51047	1183	ਅਪਣੇ ਜਨ ਪ੍ਰਭਿ ਆਪਿ ਰਖੇ॥		Apanae Jan Prabh Aap Rakhae ||	God Himself protects His humble servants.	ਪ੍ਰਭੂ ਨੇ ਆਪਣੇ ਸੇਵਕਾਂ ਦੀ ਸਦਾ ਆਪ ਰੱਖਿਆ ਕੀਤੀ ਹੈ।
51048	1183	ਦੁਸਟ ਦੂਤ ਸਭਿ ਭ੍ਰਮਿ ਥਕੇ॥		Dhusatt Dhooth Sabh Bhram Thhakae ||	The demons and wicked enemies have grown weary of struggling against Him.	(ਸੇਵਕਾਂ ਦੇ) ਭੈੜੇ ਵੈਰੀ ਸਾਰੇ ਭਟਕ ਭਟਕ ਕੇ ਹਾਰ ਜਾਂਦੇ ਹਨ।
51049	1183	ਬਿਨੁ ਗੁਰ ਸਾਚੇ ਨਹੀ ਜਾਇ॥		Bin Gur Saachae Nehee Jaae ||	Without the True Guru, there is no place to go.	(ਸੇਵਕਾਂ ਨੂੰ) ਸਦਾ-ਥਿਰ ਪ੍ਰਭੂ ਦੇ ਰੂਪ ਗੁਰੂ ਤੋਂ ਬਿਨਾ ਹੋਰ ਕੋਈ ਆਸਰਾ ਨਹੀਂ ਹੁੰਦਾ।
51050	1183	ਦੁਖੁ ਦੇਸ ਦਿਸੰਤਰਿ ਰਹੇ ਧਾਇ॥੨॥		Dhukh Dhaes Dhisanthar Rehae Dhhaae ||2||	Wandering through the lands and foreign countries, people only grow tired and suffer in pain. ||2||	(ਜਿਹੜੇ ਮਨੁੱਖ ਗੁਰੂ ਨੂੰ ਛੱਡ ਕੇ) ਹੋਰ ਹੋਰ ਥਾਂ ਭਟਕਦੇ ਫਿਰਦੇ ਹਨ, ਉਹਨਾਂ ਨੂੰ ਦੁੱਖ (ਵਾਪਰਦਾ ਹੈ) ॥੨॥
51051	1183	ਕਿਰਤੁ ਓਨਾ ਕਾ ਮਿਟਸਿ ਨਾਹਿ॥		Kirath Ounhaa Kaa Mittas Naahi ||	The record of their past actions cannot be erased.	(ਗੁਰੂ ਨੂੰ ਛੱਡ ਕੇ ਹੋਰ ਹੋਰ ਥਾਂ ਭਟਕਣ ਵਾਲੇ) ਉਹਨਾਂ ਮਨੁੱਖਾਂ ਦਾ (ਇਹ) ਕੀਤਾ ਹੋਇਆ ਕੰਮ (ਕੀਤੇ ਇਹਨਾਂ ਕੰਮਾਂ ਦਾ ਸੰਸਕਾਰ-ਸਮੂਹ ਉਹਨਾਂ ਦੇ ਅੰਦਰੋਂ) ਮਿਟਦਾ ਨਹੀਂ।
51052	1183	ਓਇ ਅਪਣਾ ਬੀਜਿਆ ਆਪਿ ਖਾਹਿ॥		Oue Apanaa Beejiaa Aap Khaahi ||	They harvest and eat what they have planted.	ਆਪਣੇ ਕੀਤੇ ਕਰਮਾਂ ਦਾ ਫਲ ਉਹ ਆਪ ਹੀ ਖਾਂਦੇ ਹਨ।

51053	1183	ਜਨ ਕਾ ਰਖਵਾਲਾ ਆਪਿ ਸੋਇ॥		Jan Kaa Rakhavaalaa Aap Soe ||	The Lord Himself is the Protector of His humble servants.	ਆਪਣੇ ਸੇਵਕ ਦਾ ਰਾਖਾ ਪ੍ਰਭੂ ਆਪ ਬਣਦਾ ਹੈ।
51054	1183	ਜਨ ਕਉ ਪਹੁਚਿ ਨ ਸਕਸਿ ਕੋਇ॥੩॥		Jan Ko Pahuch N Sakas Koe ||3||	No one can rival the humble servant of the Lord. ||3||	ਕੋਈ ਹੋਰ ਮਨੁੱਖ ਪ੍ਰਭੂ ਦੇ ਸੇਵਕ ਦੀ ਬਰਾਬਰੀ ਨਹੀਂ ਕਰ ਸਕਦਾ ॥੩॥
51055	1183	ਪ੍ਰਭਿ ਦਾਸ ਰਖੇ ਕਰਿ ਜਤਨੁ ਆਪਿ॥		Prabh Dhaas Rakhae Kar Jathan Aap ||	By His own efforts, God protects His slave.	ਉਸ ਪ੍ਰਭੂ ਨੇ (ਉਚੇਚਾ) ਜਤਨ ਕਰ ਕੇ ਆਪਣੇ ਸੇਵਕਾਂ ਦੀ ਸਦਾ ਆਪ ਰਾਖੀ ਕੀਤੀ ਹੈ,
51056	1183	ਅਖੰਡ ਪੂਰਨ ਜਾ ਕੋ ਪ੍ਰਤਾਪੁ॥		Akhandd Pooran Jaa Ko Prathaap ||	God's Glory is perfect and unbroken.	ਜਿਸ ਦਾ ਅਤੁੱਟ ਅਤੇ ਪੂਰਨ ਪਰਤਾਪ ਹੈ।
51057	1183	ਗੁਣ ਗੋਬਿੰਦ ਨਿਤ ਰਸਨ ਗਾਇ॥		Gun Gobindh Nith Rasan Gaae ||	So sing the Glorious Praises of the Lord of the Universe with your tongue forever.	ਉਸ ਗੋਬਿੰਦ ਦੇ ਗੁਣ ਸਦਾ ਆਪਣੀ ਜੀਭ ਨਾਲ ਗਾਇਆ ਕਰ।
51058	1183	ਨਾਨਕੁ ਜੀਵੈ ਹਰਿ ਚਰਣ ਧਿਆਇ॥੪॥੧੨॥		Naanak Jeevai Har Charan Dhhiaae ||4||12||	Nanak lives by meditating on the Feet of the Lord. ||4||12||	ਨਾਨਕ (ਭੀ) ਉਸ ਪਰਮਾਤਮਾ ਦੇ ਚਰਨਾਂ ਦਾ ਧਿਆਨ ਧਰ ਕੇ ਆਤਮਕ ਜੀਵਨ ਹਾਸਲ ਕਰਦਾ ਰਹਿੰਦਾ ਹੈ ॥੪॥੧੨॥
51059	1183	ਬਸੰਤੁ ਮਹਲਾ ੫॥		Basanth Mehalaa 5 ||	Basant, Fifth Mehl:	

51060	1183	ਗੁਰ ਚਰਣ ਸਰੇਵਤ ਦੁਖੁ ਗਇਆ॥		Gur Charan Saraevath Dhukh Gaeiaa ||	Dwelling at the Guru's Feet, pain and suffering go away.	ਗੁਰੂ ਦੇ ਚਰਨ ਹਿਰਦੇ ਵਿਚ ਵਸਾਂਦਿਆਂ ਉਸ ਮਨੁੱਖ ਦਾ ਹਰੇਕ ਦੁੱਖ ਦੂਰ ਹੋ ਜਾਂਦਾ ਹੈ,
51061	1183	ਪਾਰਬ੍ਰਹਮਿ ਪ੍ਰਭਿ ਕਰੀ ਮਇਆ॥		Paarabreham Prabh Karee Maeiaa ||	The Supreme Lord God has shown mercy to me.	(ਜਿਸ ਮਨੁੱਖ ਉਤੇ) ਪਾਰਬ੍ਰਹਮ ਪ੍ਰਭੂ ਨੇ ਮਿਹਰ ਕੀਤੀ।
51062	1183	ਸਰਬ ਮਨੋਰਥ ਪੂਰਨ ਕਾਮ॥		Sarab Manorathh Pooran Kaam ||	All my desires and tasks are fulfilled.	ਉਸ ਦੀਆਂ ਸਾਰੀਆਂ ਮੁਰਾਦਾਂ ਉਸ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ।
51063	1183	ਜਪਿ ਜੀਵੈ ਨਾਨਕੁ ਰਾਮ ਨਾਮ॥੧॥		Jap Jeevai Naanak Raam Naam ||1||	Chanting the Lord's Name, Nanak lives. ||1||	ਨਾਨਕ (ਭੀ) ਉਸ ਪਰਮਾਤਮਾ ਦਾ ਨਾਮ ਜਪ ਕੇ ਆਤਮਕ ਜੀਵਨ ਪ੍ਰਾਪਤ ਕਰ ਰਿਹਾ ਹੈ ॥੧॥
51064	1183	ਸਾ ਰੁਤਿ ਸੁਹਾਵੀ ਜਿਤੁ ਹਰਿ ਚਿਤਿ ਆਵੈ॥		Saa Ruth Suhaavee Jith Har Chith Aavai ||	How beautiful is that season, when the Lord fills the mind.	(ਮਨੁੱਖ ਵਾਸਤੇ) ਉਹ ਰੁੱਤ ਸੋਹਣੀ ਹੁੰਦੀ ਹੈ ਜਦੋਂ ਪਰਮਾਤਮਾ ਉਸ ਦੇ ਚਿੱਤ ਵਿਚ ਆ ਵੱਸਦਾ ਹੈ।
51065	1183	ਬਿਨੁ ਸਤਿਗੁਰ ਦੀਸੈ ਬਿਲਲਾਂਤੀ ਸਾਕਤੁ ਫਿਰਿ ਫਿਰਿ ਆਵੈ ਜਾਵੈ॥੧॥ਰਹਾਉ॥		Bin Sathigur Dheesai Bilalaanthee Saakath Fir Fir Aavai Jaavai ||1|| Rehaao ||	Without the True Guru, the world weeps. The faithless cynic comes and goes in reincarnation, over and over again. ||1||Pause||	ਗੁਰੂ ਦੀ ਸਰਨ ਤੋਂ ਬਿਨਾ (ਲੁਕਾਈ) ਵਿਲਕਦੀ ਦਿੱਸਦੀ ਹੈ। ਪਰਮਾਤਮਾ ਤੋਂ ਟੁੱਟਾ ਹੋਇਆ ਮਨੁੱਖ ਮੁੜ ਮੁੜ ਜੰਮਦਾ ਮਰਦਾ ਰਹਿੰਦਾ ਹੈ ॥੧॥ ਰਹਾਉ ॥

51066	1184	ਸੇ ਧਨਵੰਤ ਜਿਨ ਹਰਿ ਪ੍ਰਭੁ ਰਾਸਿ॥		Sae Dhhanavanth Jin Har Prabh Raas ||	They alone are rich, who have the Wealth of the Lord God.	ਜਿਨ੍ਹਾਂ ਮਨੁੱਖਾਂ ਦੇ ਅੰਦਰ ਪਰਮਾਤਮਾ ਦਾ ਨਾਮ-ਸਰਮਾਇਆ ਮੌਜੂਦ ਹੈ ਉਹ ਧਨ ਵਾਲੇ ਹਨ।
51067	1184	ਕਾਮ ਕ੍ਰੋਧ ਗੁਰ ਸਬਦਿ ਨਾਸਿ॥		Kaam Krodhh Gur Sabadh Naas ||	Through the Word of the Guru's Shabad, sexual desire and anger are eradicated.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਦੇ ਅੰਦਰੋਂ ਕਾਮ ਕ੍ਰੋਧ (ਆਦਿਕ ਵਿਕਾਰ) ਨਾਸ ਹੋ ਜਾਂਦੇ ਹਨ।
51068	1184	ਭੈ ਬਿਨਸੇ ਨਿਰਭੈ ਪਦੁ ਪਾਇਆ॥		Bhai Binasae Nirabhai Padh Paaeiaa ||	Their fear is dispelled, and they attain the state of fearlessness.	ਉਹਨਾਂ ਦੇ ਸਾਰੇ ਡਰ ਦੂਰ ਹੋ ਜਾਂਦੇ ਹਨ, ਉਹ ਐਸਾ ਆਤਮਕ ਦਰਜਾ ਪ੍ਰਾਪਤ ਕਰ ਲੈਂਦੇ ਹਨ ਜਿੱਥੇ ਕੋਈ ਡਰ ਪੋਹ ਨਹੀਂ ਸਕਦਾ।
51069	1184	ਗੁਰ ਮਿਲਿ ਨਾਨਕ ਖਸਮੁ ਧਿਆਇਆ॥੨॥		Gur Mil Naanak Khasam Dhhiaaeiaa ||2||	Meeting with the Guru, Nanak meditates on his Lord and Master. ||2||	ਗੁਰੂ ਨੂੰ ਮਿਲ ਕੇ ਨਾਨਕ ਨੇ (ਭੀ) ਉਸ ਖਸਮ-ਪ੍ਰਭੂ ਨੂੰ ਸਿਮਰਿਆ ਹੈ ॥੨॥
51070	1184	ਸਾਧਸੰਗਤਿ ਪ੍ਰਭਿ ਕੀਓ ਨਿਵਾਸ॥		Saadhhasangath Prabh Keeou Nivaas ||	God dwells in the Saadh Sangat, the Company of the Holy.	ਪਰਮਾਤਮਾ ਨੇ ਜਿਸ ਮਨੁੱਖ ਦਾ ਟਿਕਾਣਾ ਸਾਧ ਸੰਗਤ ਵਿਚ ਬਣਾ ਦਿੱਤਾ ਹੈ,
51071	1184	ਹਰਿ ਜਪਿ ਜਪਿ ਹੋਈ ਪੂਰਨ ਆਸ॥		Har Jap Jap Hoee Pooran Aas ||	Chanting and meditating on the Lord, one's hopes are fulfilled.	ਪਰਮਾਤਮਾ ਦਾ ਨਾਮ ਜਪ ਜਪ ਕੇ ਉਸ ਦੀ ਹਰੇਕ ਆਸ ਪੂਰੀ ਹੋ ਜਾਂਦੀ ਹੈ।
51072	1184	ਜਲਿ ਥਲਿ ਮਹੀਅਲਿ ਰਵਿ ਰਹਿਆ॥		Jal Thhal Meheeal Rav Rehiaa ||	God permeates and pervades the water, the land and the sky.	ਉਹ ਪ੍ਰਭੂ ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ (ਹਰ ਥਾਂ) ਵਿਆਪਕ ਹੈ।

51073	1184	ਗੁਰ ਮਿਲਿ ਨਾਨਕਿ ਹਰਿ ਹਰਿ ਕਹਿਆ॥੩॥		Gur Mil Naanak Har Har Kehiaa ||3||	Meeting with the Guru, Nanak chants the Name of the Lord, Har, Har. ||3||	ਗੁਰੂ ਨੂੰ ਮਿਲ ਕੇ ਨਾਨਕ ਨੇ (ਭੀ) ਉਸੇ ਦਾ ਸਿਮਰਨ ਕੀਤਾ ਹੈ ॥੩॥
51074	1184	ਅਸਟ ਸਿਧਿ ਨਵ ਨਿਧਿ ਏਹ॥		Asatt Sidhh Nav Nidhh Eaeh ||	The eight miraculous spiritual powers and the nine treasures are contained in the Naam,	ਇਹ ਹਰਿ-ਨਾਮ ਹੀ (ਸਿੱਧਾਂ ਦੀਆਂ) ਅੱਠ ਆਤਮਕ ਤਾਕਤਾਂ ਹੈ (ਕੁਬੇਰ ਦੇ) ਨੌ ਖ਼ਜ਼ਾਨੇ ਹੈ।
51075	1184	ਕਰਮਿ ਪਰਾਪਤਿ ਜਿਸੁ ਨਾਮੁ ਦੇਹ॥		Karam Paraapath Jis Naam Dhaeh ||	The Name of the Lord. This is bestowed when God grants His Grace.	ਜਿਸ ਮਨੁੱਖ ਨੂੰ ਪ੍ਰਭੂ ਇਹ ਨਾਮ ਦੇਂਦਾ ਹੈ ਉਸੇ ਨੂੰ ਉਸ ਦੀ ਮਿਹਰ ਨਾਲ ਮਿਲਦਾ ਹੈ।
51076	1184	ਪ੍ਰਭ ਜਪਿ ਜਪਿ ਜੀਵਹਿ ਤੇਰੇ ਦਾਸ॥		Prabh Jap Jap Jeevehi Thaerae Dhaas ||	Your slaves, O God, live by chanting and meditating on Your Name.	ਹੇ ਪ੍ਰਭੂ! ਤੇਰੇ ਦਾਸ (ਤੇਰਾ ਨਾਮ) ਜਪ ਜਪ ਕੇ ਆਤਮਕ ਜੀਵਨ ਹਾਸਲ ਕਰਦੇ ਹਨ।
51077	1184	ਗੁਰ ਮਿਲਿ ਨਾਨਕ ਕਮਲ ਪ੍ਰਗਾਸ॥੪॥੧੩॥		Gur Mil Naanak Kamal Pragaas ||4||13||	O Nanak, the heart-lotus of the Gurmukh blossoms forth. ||4||13||	ਹੇ ਨਾਨਕ! ਗੁਰੂ ਨੂੰ ਮਿਲ ਕੇ (ਨਾਮ ਦੀ ਬਰਕਤਿ ਨਾਲ ਉਹਨਾਂ ਦਾ) ਹਿਰਦਾ-ਕੌਲ ਖਿੜਿਆ ਰਹਿੰਦਾ ਹੈ ॥੪॥੧੩॥
51078	1184	ਬਸੰਤੁ ਮਹਲਾ ੫ ਘਰੁ ੧ ਇਕ ਤੁਕੇ		Basanth Mehalaa 5 Ghar 1 Eik Thukae	Basant, Fifth Mehl, First House, Ik-Tukay:	ਰਾਗ ਬਸੰਤੁ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਇਕ-ਤੁਕੀ ਬਾਣੀ।

51079	1184	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
51080	1184	ਸਗਲ ਇਛਾ ਜਪਿ ਪੁੰਨੀਆ॥	ਪੁੰਨੀਆਂ	Sagal Eishhaa Jap Punneeaa ||	Meditating on the Lord, all desires are fulfilled,	(ਜਿਨ੍ਹਾਂ ਨੇ ਸਿਮਰਨ ਕੀਤਾ, ਪਰਮਾਤਮਾ ਦਾ ਨਾਮ) ਜਪ ਕੇ ਉਹਨਾਂ ਦੀਆਂ ਸਾਰੀਆਂ ਮੁਰਾਦਾਂ ਪੂਰੀਆਂ ਹੋ ਗਈਆਂ,
51081	1184	ਪ੍ਰਭਿ ਮੇਲੇ ਚਿਰੀ ਵਿਛੁੰਨਿਆ॥੧॥		Prabh Maelae Chiree Vishhunniaa ||1||	And the mortal is re-united with God, after having been separated for so long. ||1||	ਚਿਰ ਦੇ ਵਿਛੁੜੇ ਹੋਇਆਂ ਨੂੰ (ਭੀ) ਪ੍ਰਭੂ ਨੇ (ਆਪਣੇ ਚਰਨਾਂ ਦੇ ਨਾਲ) ਮਿਲਾ ਲਿਆ ॥੧॥
51082	1184	ਤੁਮ ਰਵਹੁ ਗੋਬਿੰਦੈ ਰਵਣ ਜੋਗੁ॥		Thum Ravahu Gobindhai Ravan Jog ||	Meditate on the Lord of the Universe, who is worthy of meditation.	ਤੁਸੀਂ ਸਿਮਰਨ-ਜੋਗ ਗੋਬਿੰਦ ਦਾ ਨਾਮ ਸਿਮਰਿਆ ਕਰੋ।
51083	1184	ਜਿਤੁ ਰਵਿਐ ਸੁਖ ਸਹਜ ਭੋਗੁ॥੧॥ਰਹਾਉ॥		Jith Raviai Sukh Sehaj Bhog ||1|| Rehaao ||	Meditating on Him, enjoy celestial peace and poise. ||1||Pause||	ਜੇ (ਉਸ ਦਾ ਨਾਮ) ਸਿਮਰਿਆ ਜਾਏ, ਤਾਂ ਆਤਮਕ ਅਡੋਲਤਾ ਦੇ ਸੁਖਾਂ ਦਾ ਸੁਆਦ (ਪ੍ਰਾਪਤ ਹੁੰਦਾ ਹੈ) ॥੧॥ ਰਹਾਉ ॥
51084	1184	ਕਰਿ ਕਿਰਪਾ ਨਦਰਿ ਨਿਹਾਲਿਆ॥		Kar Kirapaa Nadhar Nihaaliaa ||	Bestowing His Mercy, He blesses us with His Glance of Grace.	ਪ੍ਰਭੂ ਨੇ ਆਪਣੇ ਦਾਸ ਦੀ (ਸਦਾ) ਆਪ ਸੰਭਾਲ ਕੀਤੀ ਹੈ।

51085	1184	ਅਪਣਾ ਦਾਸੁ ਆਪਿ ਸਮ੍ਹਾਲਿਆ ॥੨॥		Apanaa Dhaas Aap Samhaaliaa ||2||	God Himself takes care of His slave. ||2||	ਕਿਰਪਾ ਕਰ ਕੇ (ਪ੍ਰਭੂ ਨੇ ਆਪਣੇ ਦਾਸ ਨੂੰ ਸਦਾ) ਮਿਹਰ ਦੀ ਨਿਗਾਹ ਨਾਲ ਤੱਕਿਆ ਹੈ ॥੨॥
51086	1184	ਸੇਜ ਸੁਹਾਵੀ ਰਸਿ ਬਨੀ॥		Saej Suhaavee Ras Banee ||	My bed has been beautified by His Love.	(ਪ੍ਰਭੂ-ਮਿਲਾਪ ਦੇ) ਸੁਆਦ ਨਾਲ ਉਹਨਾਂ ਦੀ ਹਿਰਦਾ-ਸੇਜ ਸੋਹਣੀ ਬਣ ਜਾਂਦੀ ਹੈ,
51087	1184	ਆਇ ਮਿਲੇ ਪ੍ਰਭ ਸੁਖ ਧਨੀ॥੩॥		Aae Milae Prabh Sukh Dhhanee ||3||	God, the Giver of Peace, has come to meet me. ||3||	(ਜਿਸ ਮਨੁੱਖ ਨੂੰ) ਆ ਕੇ ਸੁਖਾਂ ਦੇ ਮਾਲਕ ਪ੍ਰਭੂ ਜੀ ਮਿਲ ਪੈਂਦੇ ਹਨ ॥੩॥
51088	1184	ਮੇਰਾ ਗੁਣੁ ਅਵਗਣੁ ਨ ਬੀਚਾਰਿਆ॥		Maeraa Gun Avagan N Beechaariaa ||	He does not consider my merits and demerits.	ਪ੍ਰਭੂ ਨੇ ਮੇਰਾ ਕੋਈ ਗੁਣ ਨਹੀਂ ਵਿਚਾਰਿਆ, ਕੋਈ ਔਗੁਣ ਨਹੀਂ ਵਿਚਾਰਿਆ,
51089	1184	ਪ੍ਰਭ ਨਾਨਕ ਚਰਣ ਪੂਜਾਰਿਆ॥੪॥੧॥੧੪॥		Prabh Naanak Charan Poojaariaa ||4||1||14||	Nanak worships at the Feet of God. ||4||1||14||	ਹੇ ਨਾਨਕ! (ਮਿਹਰ ਕਰ ਕੇ ਉਸ ਨੇ ਮੈਨੂੰ) ਆਪਣੇ ਚਰਨਾਂ ਦਾ ਪੁਜਾਰੀ ਬਣਾ ਲਿਆ ਹੈ ॥੪॥੧॥੧੪॥
51090	1184	ਬਸੰਤੁ ਮਹਲਾ ੫॥		Basanth Mehalaa 5 ||	Basant, Fifth Mehl:	
51091	1184	ਕਿਲਬਿਖ ਬਿਨਸੇ ਗਾਇ ਗੁਨਾ॥		Kilabikh Binasae Gaae Gunaa ||	The sins are erased, singing the Glories of God;	(ਕੋਈ ਭੀ ਮਨੁੱਖ ਹੋਵੇ, ਪਰਮਾਤਮਾ ਦੇ) ਗੁਣ ਗਾ ਕੇ ਉਸ ਦੇ ਸਾਰੇ ਪਾਪ ਨਾਸ ਹੋ ਜਾਂਦੇ ਹਨ,
51092	1184	ਅਨ ਦਿਨੁ ਉਪਜੀ ਸਹਜ ਧੁਨਾ॥੧॥		Anadhin Oupajee Sehaj Dhhunaa ||1||	Night and day, celestial joy wells up. ||1||	ਉਸ ਦੇ ਅੰਦਰ ਹਰ ਵੇਲੇ ਆਤਮਕ ਅਡੋਲਤਾ ਦੀ ਰੌ ਪੈਦਾ ਹੋਈ ਰਹਿੰਦੀ ਹੈ ॥੧॥

51093	1184	ਮਨੁ ਮਉਲਿਓ ਹਰਿ ਚਰਨ ਸੰਗਿ॥	ਮਉੱਲਿਓ: ਕਸਕੇ	Man Mouliou Har Charan Sang ||	My mind has blossomed forth, by the touch of the Lord's Feet.	ਉਸ ਸੇਵਕ ਦਾ ਮਨ ਪ੍ਰਭੂ ਦੇ ਚਰਨਾਂ ਵਿਚ (ਜੁੜ ਕੇ) ਆਤਮਕ ਜੀਵਨ ਵਾਲਾ ਹੋ ਜਾਂਦਾ ਹੈ,
51094	1184	ਕਰਿ ਕਿਰਪਾ ਸਾਧੂ ਜਨ ਭੇਟੇ ਨਿਤ ਰਾਤੋ ਹਰਿ ਨਾਮ ਰੰਗਿ॥੧॥ਰਹਾਉ॥		Kar Kirapaa Saadhhoo Jan Bhaettae Nith Raatha Har Naam Rang ||1|| Rehaao ||	By His Grace, He has led me to meet the Holy men, the humble servants of the Lord. I remain continually imbued with the love of the Lord's Name. ||1||Pause||	ਜਿਸ ਸੇਵਕ ਨੂੰ ਪਰਮਾਤਮਾ ਮਿਹਰ ਕਰ ਕੇ ਗੁਰੂ ਮਿਲਾਂਦਾ ਹੈ। ਉਹ ਸੇਵਕ ਸਦਾ ਹਰਿ-ਨਾਮ ਦੇ ਰੰਗ ਵਿਚ ਰੰਗਿਆ ਜਾਂਦਾ ਹੈ ॥੧॥ ਰਹਾਉ ॥
51095	1184	ਕਰਿ ਕਿਰਪਾ ਪ੍ਰਗਟੇ ਗੋਪਾਲ॥	ਗੋ: ਹੋੜੇ ਔਂਕੜ ਵਿਚਾਲੇ ਬੋਲੋ	Kar Kirapaa Pragattae Guopaal ||	In His Mercy, the Lord of the World has revealed Himself to me.	ਮਿਹਰ ਕਰ ਕੇ ਗੋਪਾਲ-ਪ੍ਰਭੂ (ਜਿਸ ਮਨੁੱਖ ਦੇ ਹਿਰਦੇ ਵਿਚ) ਪਰਗਟ ਹੁੰਦਾ ਹੈ,
51096	1184	ਲੜਿ ਲਾਇ ਉਧਾਰੇ ਦੀਨ ਦਇਆਲ॥੨॥		Larr Laae Oudhhaarae Dheen Dhaeiaal ||2||	The Lord, Merciful to the meek, has attached me to the hem of His robe and saved me. ||2||	ਦੀਨਾਂ ਉਤੇ ਦਇਆ ਕਰਨ ਵਾਲਾ ਪ੍ਰਭੂ ਉਸ ਨੂੰ ਆਪਣੇ ਲੜ ਲਾ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦੇਂਦਾ ਹੈ ॥੨॥
51097	1184	ਇਹੁ ਮਨੁ ਹੋਆ ਸਾਧ ਧੂਰਿ॥		Eihu Man Hoaa Saadhh Dhhoor ||	This mind has become the dust of the Holy;	ਜਿਸ ਮਨੁੱਖ ਦਾ ਇਹ ਮਨ ਗੁਰੂ ਦੇ ਚਰਨਾਂ ਦੀ ਧੂੜ ਬਣਦਾ ਹੈ,
51098	1184	ਨਿਤ ਦੇਖੈ ਸੁਆਮੀ ਹਜੂਰਿ॥੩॥		Nith Dhaekhai Suaamee Hajoor ||3||	I behold my Lord and Master, continually, ever-present. ||3||	ਉਹ ਮਨੁੱਖ ਸੁਆਮੀ-ਪ੍ਰਭੂ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਵੇਖਦਾ ਹੈ ॥੩॥

51099	1184	ਕਾਮ ਕ੍ਰੋਧ ਤ੍ਰਿਸਨਾ ਗਈ॥		Kaam Krodhh Thrisanaa Gee ||	Sexual desire, anger and desire have vanished.	(ਉਸ ਦੇ ਅੰਦਰੋਂ) ਕਾਮ ਕ੍ਰੋਧ ਤ੍ਰਿਸ਼ਨਾ (ਆਦਿਕ ਵਿਕਾਰ) ਦੂਰ ਹੋ ਜਾਂਦੇ ਹਨ,
51100	1184	ਨਾਨਕ ਪ੍ਰਭ ਕਿਰਪਾ ਭਈ॥੪॥੨॥੧੫॥		Naanak Prabh Kirapaa Bhee ||4||2||15||	O Nanak, God has become kind to me. ||4||2||15||	ਹੇ ਨਾਨਕ! ਜਿਸ ਮਨੁੱਖ ਉਤੇ ਪ੍ਰਭੂ ਦੀ ਮਿਹਰ ਹੁੰਦੀ ਹੈ ॥੪॥੨॥੧੫॥
51101	1184	ਬਸੰਤੁ ਮਹਲਾ ੫॥		Basanth Mehalaa 5 ||	Basant, Fifth Mehl:	
51102	1184	ਰੋਗ ਮਿਟਾਏ ਪ੍ਰਭੂ ਆਪਿ॥		Rog Mittaaeae Prabhoo Aap ||	God Himself has cured the disease.	(ਜਿਹੜੇ ਮਨੁੱਖ ਪੂਰੇ ਗੁਰੂ ਦੀ ਸਰਨ ਆਉਂਦੇ ਹਨ) ਪਰਮਾਤਮਾ ਆਪ (ਉਹਨਾਂ ਦੇ ਸਾਰੇ) ਰੋਗ ਮਿਟਾ ਦੇਂਦਾ ਹੈ,
51103	1184	ਬਾਲਕ ਰਾਖੇ ਅਪਨੇ ਕਰ ਥਾਪਿ॥੧॥		Baalak Raakhae Apanae Kar Thhaap ||1||	He laid on His Hands, and protected His child. ||1||	ਉਹਨਾਂ ਬੱਚਿਆਂ ਨੂੰ ਆਪਣੇ ਹੱਥਾਂ ਨਾਲ ਥਾਪਣਾ ਦੇ ਕੇ ਉਹਨਾਂ ਦੀ ਰੱਖਿਆ ਕਰਦਾ ਹੈ (ਜਿਵੇਂ ਮਾਪੇ ਆਪਣੇ ਬੱਚਿਆਂ ਦੀ ਸੰਭਾਲ ਕਰਦੇ ਹਨ) ॥੧॥
51104	1184	ਸਾਂਤਿ ਸਹਜ ਗ੍ਰਿਹਿ ਸਦ ਬਸੰਤੁ॥	ਗ੍ਰਿਹਿ	Saanth Sehaj Grihi Sadh Basanth ||	Celestial peace and tranquility fill my home forever, in this springtime of the soul.	(ਉਹਨਾਂ ਦੇ ਹਿਰਦੇ-) ਘਰ ਵਿਚ ਆਤਮਕ ਅਡੋਲਤਾ ਵਾਲੀ ਸ਼ਾਂਤੀ ਬਣੀ ਰਹਿੰਦੀ ਹੈ, ਸਦਾ ਕਾਇਮ ਰਹਿਣ ਵਾਲਾ ਖਿੜਾਉ ਬਣਿਆ ਰਹਿੰਦਾ ਹੈ,

51105	1184	ਗੁਰ ਪੂਰੇ ਕੀ ਸਰਣੀ ਆਏ ਕਲਿਆਣ ਰੂਪ ਜਪਿ ਹਰਿ ਹਰਿ ਮੰਤੁ॥੧॥ ਰਹਾਉ॥		Gur Poorae Kee Saranee Aaeae Kaliaan Roop Jap Har Har Manth ||1|| Rehaao ||	I have sought the Sanctuary of the Perfect Guru; I chant the Mantra of the Name of the Lord, Har, Har, the Embodiment of emancipation. ||1||Pause||	(ਜਿਹੜੇ ਮਨੁੱਖ) ਪੂਰੇ ਗੁਰੂ ਦੀ ਸਰਨ ਆਉਂਦੇ ਹਨ, ਸੁਖ-ਸਰੂਪ ਪਰਮਾਤਮਾ ਦਾ ਨਾਮ-ਮੰਤ੍ਰ ਜਪ ਕੇ (ਨਾਮ-ਸਿਮਰਨ ਦੀਆਂ ਬਰਕਤਾਂ ਹਾਸਲ ਕਰਦੇ ਹਨ) ॥੧॥ ਰਹਾਉ ॥
51106	1184	ਸੋਗ ਸੰਤਾਪ ਕਟੇ ਪ੍ਰਭਿ ਆਪਿ॥	ਕੱਟੇ	Sog Santhaap Kattae Prabh Aap ||	God Himself has dispelled my sorrow and suffering.	(ਜਿਹੜੇ ਮਨੁੱਖ ਪੂਰੇ ਗੁਰੂ ਦੀ ਸਰਨ ਆ ਗਏ) ਪ੍ਰਭੂ ਨੇ ਆਪ (ਉਹਨਾਂ ਦੇ ਸਾਰੇ) ਚਿੰਤਾ-ਫ਼ਿਕਰ ਅਤੇ ਦੁੱਖ-ਕਲੇਸ਼ ਮਿਟਾ ਦਿੱਤੇ।
51107	1184	ਗੁਰ ਅਪੁਨੇ ਕਉ ਨਿਤ ਨਿਤ ਜਾਪਿ॥੨॥		Gur Apunae Ko Nith Nith Jaap ||2||	I meditate continually, continuously, on my Guru. ||2||	(ਹੇ ਭਾਈ!) ਤੂੰ ਭੀ ਸਦਾ ਹੀ ਸਦਾ ਹੀ ਆਪਣੇ ਗੁਰੂ ਨੂੰ ਯਾਦ ਕਰਦਾ ਰਹੁ ॥੨॥
51108	1184	ਜੋ ਜਨੁ ਤੇਰਾ ਜਪੇ ਨਾਉ॥		Jo Jan Thaeraa Japae Naao ||	That humble being who chants Your Name,	ਹੇ ਪ੍ਰਭੂ! ਜਿਹੜਾ ਮਨੁੱਖ ਤੇਰਾ ਨਾਮ ਜਪਦਾ ਹੈ,
51109	1184	ਸਭਿ ਫਲ ਪਾਏ ਨਿਹਚਲ ਗੁਣ ਗਾਉ॥੩॥		Sabh Fal Paaeae Nihachal Gun Gaao ||3||	Obtains all fruits and rewards; singing the Glories of God, he becomes steady and stable. ||3||	ਉਹ ਮਨੁੱਖ ਤੇਰੇ ਸਦਾ ਕਾਇਮ ਰਹਿਣ ਵਾਲੇ ਗੁਣਾਂ ਦਾ ਗਾਇਨ ਕਰ ਕੇ ਸਾਰੇ ਫਲ ਪ੍ਰਾਪਤ ਕਰ ਲੈਂਦਾ ਹੈ ॥੩॥
51110	1184	ਨਾਨਕ ਭਗਤਾ ਭਲੀ ਰੀਤਿ॥	ਭਗਤਾਂ	Naanak Bhagathaa Bhalee Reeth ||	O Nanak, the way of the devotees is good.	ਹੇ ਨਾਨਕ! ਭਗਤ ਜਨਾਂ ਦੀ ਇਹ ਸੋਹਣੀ ਜੀਵਨ-ਮਰਯਾਦਾ ਹੈ,

51111	1184	ਸੁਖਦਾਤਾ ਜਪਦੇ ਨੀਤ ਨੀਤਿ॥੪॥੩॥੧੬॥		Sukhadhaathaa Japadhae Neeth Neeth ||4||3||16||	They meditate continually, continuously, on the Lord, the Giver of peace. ||4||3||16||	ਕਿ ਉਹ ਸਦਾ ਹੀ ਸੁਖਾਂ ਦੇ ਦੇਣ ਵਾਲੇ ਪਰਮਾਤਮਾ ਦਾ ਨਾਮ ਜਪਦੇ ਰਹਿੰਦੇ ਹਨ ॥੪॥੩॥੧੬॥
51112	1184	ਬਸੰਤੁ ਮਹਲਾ ੫॥		Basanth Mehalaa 5 ||	Basant, Fifth Mehl:	
51113	1184	ਹੁਕਮੁ ਕਰਿ ਕੀਨੇ ਨਿਹਾਲ॥		Hukam Kar Keenhae Nihaal ||	By His Will, He makes us happy.	ਪਰਮਾਤਮਾ ਆਪਣੇ ਹੁਕਮ ਅਨੁਸਾਰ (ਆਪਣੇ ਸੇਵਕਾਂ ਨੂੰ) ਪ੍ਰਸੰਨ-ਚਿੱਤ ਰੱਖਦਾ ਹੈ।
51114	1184	ਅਪਨੇ ਸੇਵਕ ਕਉ ਭਇਆ ਦਇਆਲੁ ॥੧॥		Apanae Saevak Ko Bhaeiaa Dhaeiaal ||1||	He shows Mercy to His servant. ||1||	ਉਹ ਆਪਣੇ ਸੇਵਕਾਂ ਉੱਤੇ (ਸਦਾ) ਦਇਆਵਾਨ ਹੁੰਦਾ ਹੈ ॥੧॥
51115	1184	ਗੁਰਿ ਪੂਰੈ ਸਭੁ ਪੂਰਾ ਕੀਆ॥		Gur Poorai Sabh Pooraa Keeaa ||	The Perfect Guru makes everything perfect.	ਪੂਰੇ ਗੁਰੂ ਨੇ (ਉਸ ਮਨੁੱਖ ਦਾ) ਹਰੇਕ ਕੰਮ ਸਿਰੇ ਚਾੜ੍ਹ ਦਿੱਤਾ (ਉਸ ਦਾ ਸਾਰਾ ਜੀਵਨ ਸਫਲ ਕਰ ਦਿੱਤਾ)
51116	1184	ਅੰਮ੍ਰਿਤ ਨਾਮੁ ਰਿਦ ਮਹਿ ਦੀਆ॥੧॥ਰਹਾਉ॥		Anmrith Naam Ridh Mehi Dheeaa ||1|| Rehaao ||	He implants the Amrosial Naam, the Name of the Lord, in the heart. ||1||Pause||	(ਜਿਸ ਮਨੁੱਖ ਦੇ) ਹਿਰਦੇ ਵਿਚ ਉਸ ਨੇ ਆਤਮਕ ਜੀਵਨ ਦੇਣ ਵਾਲਾ ਹਰਿ ਨਾਮ ਵਸਾ ਦਿੱਤਾ ॥੧॥ ਰਹਾਉ ॥

51117	1184	ਕਰਮੁ ਧਰਮੁ ਮੇਰਾ ਕਛੁ ਨ ਬੀਚਾਰਿਓ॥		Karam Dhharam Maeraa Kashh N Beechaariou ||	He does not consider the karma of my actions, or my Dharma, my spiritual practice.	(ਗੁਰੂ ਨੇ) ਮੇਰਾ (ਭੀ) ਕੋਈ (ਚੰਗਾ) ਕਰਮ ਨਹੀਂ ਵਿਚਾਰਿਆ ਮੇਰਾ ਕੋਈ ਧਰਮ ਨਹੀਂ ਵਿਚਾਰਿਆ,
51118	1185	ਬਾਹ ਪਕਰਿ ਭਵਜਲੁ ਨਿਸਤਾਰਿਓ॥੨॥	ਬਾਂਹ	Baah Pakar Bhavajal Nisathaariou ||2||	Taking me by the arm, He saves me and carries me across the terrifying world-ocean. ||2||	ਬਾਹੋਂ ਫੜ ਕੇ ਉਸ ਨੇ (ਮੈਨੂੰ) ਸੰਸਾਰ-ਸਮੁੰਦਰ (ਦੇ ਵਿਕਾਰਾਂ) ਤੋਂ ਪਾਰ ਲੰਘਾ ਦਿੱਤਾ ਹੈ ॥੨॥
51119	1185	ਪ੍ਰਭਿ ਕਾਟਿ ਮੈਲੁ ਨਿਰਮਲ ਕਰੇ॥		Prabh Kaatt Mail Niramal Karae ||	God has rid me of my filth, and made me stainless and pure.	ਪਰਮਾਤਮਾ ਨੇ (ਆਪ ਉਹਨਾਂ ਦੇ ਅੰਦਰੋਂ ਵਿਕਾਰਾਂ ਦੀ) ਮੈਲ ਕੱਟ ਕੇ ਉਹਨਾਂ ਨੂੰ ਪਵਿੱਤਰ ਜੀਵਨ ਵਾਲਾ ਬਣਾ ਲਿਆ,
51120	1185	ਗੁਰ ਪੂਰੇ ਕੀ ਸਰਣੀ ਪਰੇ॥੩॥		Gur Poorae Kee Saranee Parae ||3||	I have sought the Sanctuary of the Perfect Guru. ||3||	ਜਿਹੜੇ ਮਨੁੱਖ ਪੂਰੇ ਗੁਰੂ ਦੀ ਸਰਨ ਪੈ ਗਏ ॥੩॥
51121	1185	ਆਪਿ ਕਰਹਿ ਆਪਿ ਕਰਣੈਹਾਰੇ॥		Aap Karehi Aap Karanaihaarae ||	He Himself does, and causes everything to be done.	ਹੇ ਸਭ ਕੁਝ ਕਰ ਸਕਣ ਵਾਲੇ ਪ੍ਰਭੂ! ਤੂੰ ਸਭ ਕੁਝ ਆਪ ਹੀ ਕਰ ਰਿਹਾ ਹੈਂ।
51122	1185	ਕਰਿ ਕਿਰਪਾ ਨਾਨਕ ਉਧਾਰੇ॥੪॥੪॥੧੭॥		Kar Kirapaa Naanak Oudhhaarae ||4||4||17||	By His Grace, O Nanak, He saves us. ||4||4||17||	ਮਿਹਰ ਕਰ ਕੇ (ਮੈਨੂੰ) ਨਾਨਕ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈ ॥੪॥੪॥੧੭॥
51123	1185	ਬਸੰਤੁ ਮਹਲਾ ੫		Basanth Mehalaa 5	Basant, Fifth Mehl:	ਰਾਗ ਬਸੰਤੁ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

51124	1185	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
51125	1185	ਦੇਖੁ ਫੂਲ ਫੂਲ ਫੂਲੇ॥		Dhaekh Fool Fool Foolae ||	Behold the flowers flowering, and the blossoms blossoming forth!	ਵੇਖ! (ਤੇਰੇ ਅੰਦਰ) ਫੁੱਲ ਹੀ ਫੁੱਲ ਖਿੜੇ ਹੋਏ ਹਨ (ਤੇਰੇ ਅੰਦਰ ਆਤਮਕ ਖਿੜਾਉ ਹੈ)।
51126	1185	ਅਹੰ ਤਿਆਗਿ ਤਿਆਗੇ॥		Ahan Thiaag Thiaagae ||	Renounce and abandon your egotism.	ਹੇ ਮੇਰੇ ਮਨ! (ਆਪਣੇ ਅੰਦਰੋਂ) ਹਉਮੈ ਦੂਰ ਕਰ, ਹਉਮੈ ਦੂਰ ਕਰ,
51127	1185	ਚਰਨਕਮਲ ਪਾਗੇ॥		Charan Kamal Paagae ||	Grasp hold of His Lotus Feet.	ਪ੍ਰਭੂ ਦੇ ਸੋਹਣੇ ਚਰਨਾਂ ਨਾਲ ਚੰਬੜਿਆ ਰਹੁ।
51128	1185	ਤੁਮ ਮਿਲਹੁ ਪ੍ਰਭ ਸਭਾਗੇ॥		Thum Milahu Prabh Sabhaagae ||	Meet with God, O blessed one.	ਹੇ ਭਾਗਾਂ ਵਾਲੇ ਮਨ! ਪ੍ਰਭੂ ਨਾਲ ਜੁੜਿਆ ਰਹੁ।
51129	1185	ਹਰਿ ਚੇਤਿ ਮਨ ਮੇਰੇ॥ਰਹਾਉ॥		Har Chaeth Man Maerae || Rehaao ||	O my mind, remain conscious of the Lord. ||Pause||	ਹੇ ਮੇਰੇ ਮਨ! ਪਰਮਾਤਮਾ ਨੂੰ ਯਾਦ ਕਰਦਾ ਰਹੁ ॥ ਰਹਾਉ॥
51130	1185	ਸਘਨ ਬਾਸੁ ਕੂਲੇ॥	ਸ਼ੁਭ ਗੁਣਾਂ ਨਾਲ (ਸਘਨ) ਸੰਘਣੇ। (ਕੂਲੇ) ਕੂੰਬਲਾਂ, ਕਰੁਣਾ ਆਦਿ। ਕੂਲੇ: ਪੋਲਾ ਬੋਲੋ	Saghan Baas Koolae ||	The tender young plants smell so good,	ਹੇ ਮੇਰੇ ਮਨ! ਜਦੋਂ ਬਸੰਤ ਦਾ ਸਮਾ ਆਉਂਦਾ ਹੈ, (ਤਦੋਂ ਰੁੱਖ ਤਰਾਵਤ ਨਾਲ) ਸੰਘਣੀ ਛਾਂ ਵਾਲੇ, ਸੁਗੰਧੀ ਵਾਲੇ ਅਤੇ ਨਰਮ ਹੋ ਜਾਂਦੇ ਹਨ,
51131	1185	ਇਕਿ ਰਹੇ ਸੂਕਿ ਕਠੂਲੇ॥	(ਕਠੂਲੇ) ਕਠੋਰ	Eik Rehae Sook Kathoolae ||	While others remain like dry wood.	ਪਰ ਕਈ ਰੁੱਖ ਐਸੇ ਹੁੰਦੇ ਹਨ ਜੋ (ਬਸੰਤ ਆਉਣ ਤੇ ਭੀ) ਸੁੱਕੇ ਰਹਿੰਦੇ ਹਨ, ਤੇ, ਸੁੱਕੇ ਕਾਠ ਵਰਗੇ ਕਰੜੇ ਰਹਿੰਦੇ ਹਨ।

51132	1185	ਬਸੰਤ ਰੁਤਿ ਆਈ॥		Basanth Ruth Aaee ||	The season of spring has come;	(ਇਸ ਤਰ੍ਹਾਂ, ਹੇ ਮਨ!) ਭਾਵੇਂ ਆਤਮਕ ਜੀਵਨ ਦਾ ਖਿੜਾਉ ਪ੍ਰਾਪਤ ਕਰ ਸਕਣ ਵਾਲੀ ਮਨੁੱਖਾ ਜੀਵਨ ਦੀ ਰੁੱਤ ਤੇਰੇ ਉੱਤੇ ਆਈ ਹੈ,
51133	1185	ਪਰਫੂਲਤਾ ਰਹੇ॥੧॥		Parafoolathaa Rehae ||1||	It blossoms forth luxuriantly. ||1||	(ਫਿਰ ਭੀ ਜਿਹੜਾ ਭਾਗਾਂ ਵਾਲਾ ਮਨੁੱਖ ਹਰਿ-ਨਾਮ ਜਪਦਾ ਹੈ, ਉਹ ਹੀ) ਖਿੜਿਆ ਰਹਿ ਸਕਦਾ ਹੈ ॥੧॥
51134	1185	ਅਬ ਕਲੂ ਆਇਓ ਰੇ॥		Ab Kaloo Aaeiou Rae ||	Now, the Dark Age of Kali Yuga has come.	ਹੇ ਮੇਰੇ ਮਨ! ਹੁਣ ਮਨੁੱਖਾ ਜਨਮ ਮਿਲਣ ਤੇ (ਨਾਮ ਬੀਜਣ ਦਾ) ਸਮਾ ਤੈਨੂੰ ਮਿਲਿਆ ਹੈ।
51135	1185	ਇਕੁ ਨਾਮੁ ਬੋਵਹੁ ਬੋਵਹੁ॥		Eik Naam Bovahu Bovahu ||	Plant the Naam, the Name of the One Lord.	(ਆਪਣੀ ਹਿਰਦੇ ਦੀ ਪੈਲੀ ਵਿਚ) ਸਿਰਫ਼ ਹਰਿ-ਨਾਮ ਬੀਜ, ਸਿਰਫ਼ ਹਰਿ-ਨਾਮ ਬੀਜ।
51136	1185	ਅਨ ਰੂਤਿ ਨਾਹੀ ਨਾਹੀ॥		An Rooth Naahee Naahee ||	It is not the season to plant other seeds.	(ਮਨੁੱਖਾ ਜੀਵਨ ਤੋਂ ਬਿਨਾ) ਕਿਸੇ ਹੋਰ ਜਨਮ ਵਿਚ ਪਰਮਾਤਮਾ ਦਾ ਨਾਮ ਨਹੀਂ ਬੀਜਿਆ ਜਾ ਸਕੇਗਾ, ਨਹੀਂ ਬੀਜਿਆ ਜਾ ਸਕੇਗਾ।
51137	1185	ਮਤੁ ਭਰਮਿ ਭੂਲਹੁ ਭੂਲਹੁ॥		Math Bharam Bhoolahu Bhoolahu ||	Do not wander lost in doubt and delusion.	ਹੇ ਮੇਰੇ ਮਨ! ਵੇਖੀਂ, (ਮਾਇਆ ਦੀ) ਭੱਜ-ਦੌੜ ਵਿਚ ਪੈ ਕੇ ਕਿਤੇ ਕੁਰਾਹੇ ਨਾਹ ਪੈ ਜਾਈਂ।
51138	1185	ਗੁਰ ਮਿਲੇ ਹਰਿ ਪਾਏ॥		Gur Milae Har Paaeae ||	One who has such destiny written on his forehead,	(ਹੇ ਮਨ!) ਗੁਰੂ ਨੂੰ ਮਿਲ ਕੇ ਹੀ ਹਰਿ-ਨਾਮ ਪ੍ਰਾਪਤ ਕੀਤਾ ਜਾ ਸਕਦਾ ਹੈ,

51139	1185	ਜਿਸੁ ਮਸਤਕਿ ਹੈ ਲੇਖਾ॥		Jis Masathak Hai Laekhaa ||	Shall meet with the Guru and find the Lord.	ਜਿਸ ਮਨੁੱਖ ਦੇ ਮੱਥੇ ਉਤੇ (ਧੁਰੋਂ ਨਾਮ ਦੀ ਪ੍ਰਾਪਤੀ ਦਾ) ਲੇਖ ਉੱਘੜਦਾ ਹੈ (ਉਸ ਨੂੰ ਨਾਮ ਦੀ ਦਾਤ ਮਿਲਦੀ ਹੈ)।
51140	1185	ਮਨ ਰੁਤਿ ਨਾਮ ਰੇ॥		Man Ruth Naam Rae ||	O mortal, this is the season of the Naam.	ਹੇ ਮਨ! (ਇਹ ਮਨੁੱਖਾ ਜਨਮ ਹੀ) ਨਾਮ ਬੀਜਣ ਦਾ ਸਮਾ ਹੈ,
51141	1185	ਗੁਨ ਕਹੇ ਨਾਨਕ ਹਰਿ ਹਰੇ ਹਰਿ ਹਰੇ॥੨॥੧੮॥		Gun Kehae Naanak Har Harae Har Harae ||2||18||	Nanak utters the Glorious Praises of the Lord, Har, Har, Har, Har. ||2||18||	(ਜਿਸ ਨੇ ਨਾਮ ਦਾ ਬੀਜ ਬੀਜਿਆ ਹੈ) ਹੇ ਨਾਨਕ! ਉਹ ਮਨੁੱਖ ਹੀ ਸਦਾ ਪਰਮਾਤਮਾ ਦੇ ਗੁਣ ਉਚਾਰਦਾ ਹੈ ॥੨॥੧੮॥
51142	1185	ਬਸੰਤੁ ਮਹਲਾ ੫ ਘਰੁ ੨ ਹਿੰਡੋਲ		Basanth Mehalaa 5 Ghar 2 Hinddola	Basant, Fifth Mehl, Second House, Hindol:	ਰਾਗ ਬਸੰਤੁ/ਹਿੰਡੋਲ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
51143	1185	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
51144	1185	ਹੋਇ ਇਕਤ੍ਰ ਮਿਲਹੁ ਮੇਰੇ ਭਾਈ ਦੁਬਿਧਾ ਦੂਰਿ ਕਰਹੁ ਲਿਵ ਲਾਇ॥	ਇ-ਕੱਤ੍ਰ	Hoe Eikathr Milahu Maerae Bhaaee Dhubidhhaa Dhoor Karahu Liv Laae ||	Come and join together, O my Siblings of Destiny; dispel your sense of duality and let yourselves be lovingly absorbed in the Lord.	ਹੇ ਮੇਰੇ ਵੀਰ! ਇਕੱਠੇ ਹੋ ਕੇ ਸਾਧ ਸੰਗਤ ਵਿਚ ਬੈਠਿਆ ਕਰੋ, (ਉਥੇ ਪ੍ਰਭੂ-ਚਰਨਾਂ ਵਿਚ) ਸੁਰਤ ਜੋੜ ਕੇ (ਆਪਣੇ ਮਨ ਵਿਚੋਂ) ਮੇਰ-ਤੇਰ ਮਿਟਾਇਆ ਕਰੋ।

51145	1185	ਹਰਿ ਨਾਮੈ ਕੇ ਹੋਵਹੁ ਜੋੜੀ ਗੁਰਮੁਖਿ ਬੈਸਹੁ ਸਫਾ ਵਿਛਾਇ॥੧॥		Har Naamai Kae Hovahu Jorree Guramukh Baisahu Safaa Vishhaae ||1||	Let yourselves be joined to the Name of the Lord; become Gurmukh, spread out your mat, and sit down. ||1||	ਗੁਰੂ ਦੀ ਸਰਨ ਪਏ ਰਹਿਣਾ- ਇਹ ਚੌਪੜ ਦਾ ਕੱਪੜਾ ਵਿਛਾ ਕੇ ਮਨ ਨੂੰ ਟਿਕਾਇਆ ਕਰੋ, (ਅਤੇ ਸਾਧ ਸੰਗਤ ਵਿਚ) ਹਰਿ-ਨਾਮ-ਸਿਮਰਨ ਦਾ ਚੌਪੜ ਖੇਡਣ ਵਾਲੇ ਸਾਥੀ ਬਣਿਆ ਕਰੋ ॥੧॥
51146	1185	ਇਨ੍ਹ ਬਿਧਿ ਪਾਸਾ ਢਾਲਹੁ ਬੀਰ॥		Einh Bidhh Paasaa Dtaalahu Beer ||	In this way, throw the dice, O brothers.	ਹੇ ਵੀਰ! ਇਸ ਤਰ੍ਹਾਂ (ਇਸ ਜੀਵਨ-ਖੇਡ ਵਿਚ) ਦਾਅ ਚਲਾਵੋ (ਪਾਸਾ ਸੁੱਟੋ)
51147	1185	ਗੁਰਮੁਖਿ ਨਾਮੁ ਜਪਹੁ ਦਿਨੁ ਰਾਤੀ ਅੰਤ ਕਾਲਿ ਨਹ ਲਾਗੈ ਪੀਰ॥੧॥ਰਹਾਉ॥		Guramukh Naam Japahu Dhin Raathee Anth Kaal Neh Laagai Peer ||1|| Rehaao ||	As Gurmukh, chant the Naam, the Name of the Lord, day and night. At the very last moment, you shall not have to suffer in pain. ||1||Pause||	ਗੁਰੂ ਦੀ ਸਰਨ ਪੈ ਕੇ ਦਿਨ ਰਾਤ ਪਰਮਾਤਮਾ ਦਾ ਨਾਮ ਜਪਿਆ ਕਰੋ। (ਜੇ ਇਸ ਤਰ੍ਹਾਂ ਇਹ ਖੇਡ ਖੇਡਦੇ ਰਹੋਗੇ ਤਾਂ) ਜ਼ਿੰਦਗੀ ਦੇ ਅਖ਼ੀਰਲੇ ਸਮੇ (ਜਮਾਂ ਦਾ) ਦੁੱਖ ਨਹੀਂ ਲੱਗੇਗਾ ॥੧॥ ਰਹਾਉ ॥
51148	1185	ਕਰਮ ਧਰਮ ਤੁਮ੍ ਚਉਪੜਿ ਸਾਜਹੁ ਸਤੁ ਕਰਹੁ ਤੁਮ੍ ਸਾਰੀ॥		Karam Dhharam Thumh Chouparr Saajahu Sath Karahu Thumh Saaree ||	Let righteous actions be your gameboard, and let the truth be your dice.	ਹੇ ਮੇਰੇ ਵੀਰ! ਨੇਕ ਕੰਮ ਕਰਨ ਨੂੰ ਤੁਸੀਂ ਚੌਪੜ ਦੀ ਖੇਡ ਬਣਾਵੋ, ਉੱਚੇ ਆਚਰਨ ਨੂੰ ਨਰਦ ਬਣਾਵੋ।

51149	1185	ਕਾਮੁ ਕ੍ਰੋਧੁ ਲੋਭੁ ਮੋਹੁ ਜੀਤਹੁ ਐਸੀ ਖੇਲ ਹਰਿ ਪਿਆਰੀ॥੨॥	ਖ੍ਹੇਲ	Kaam Krodhh Lobh Mohu Jeethahu Aisee Khael Har Piaaree ||2||	Conquer sexual desire, anger, greed and worldly attachment; only such a game as this is dear to the Lord. ||2||	(ਇਸ ਨਰਦ ਦੀ ਬਰਕਤਿ ਨਾਲ) ਤੁਸੀਂ (ਆਪਣੇ ਅੰਦਰੋਂ) ਕਾਮ ਨੂੰ ਕ੍ਰੋਧ ਨੂੰ ਲੋਭ ਨੂੰ ਅਤੇ ਮੋਹ ਨੂੰ ਵੱਸ ਵਿਚ ਕਰੋ। ਹੇ ਵੀਰ! ਇਹੋ ਜਿਹੀ ਖੇਡ ਪਰਮਾਤਮਾ ਨੂੰ ਪਿਆਰੀ ਲੱਗਦੀ ਹੈ (ਪਸੰਦ ਆਉਂਦੀ ਹੈ) ॥੨॥
51150	1185	ਉਠਿ ਇਸਨਾਨੁ ਕਰਹੁ ਪਰਭਾਤੇ ਸੋਏ ਹਰਿ ਆਰਾਧੇ॥		Outh Eisanaan Karahu Parabhaathae Soeae Har Aaraadhhae ||	Rise in the early hours of the morning, and take your cleansing bath. Before you go to bed at night, remember to worship the Lord.	ਹੇ ਮੇਰੇ ਵੀਰ! ਅੰਮ੍ਰਿਤ ਵੇਲੇ ਉੱਠ ਕੇ (ਨਾਮ-ਜਲ ਵਿਚ) ਚੁੱਭੀ ਲਾਇਆ ਕਰੋ, ਸੁੱਤੇ ਹੋਏ ਭੀ ਪਰਮਾਤਮਾ ਦੇ ਆਰਾਧਨ ਵਿਚ ਜੁੜੇ ਰਹੋ।
51151	1185	ਬਿਖੜੇ ਦਾਉ ਲੰਘਾਵੈ ਮੇਰਾ ਸਤਿਗੁਰੁ ਸੁਖ ਸਹਜ ਸੇਤੀ ਘਰਿ ਜਾਤੇ॥੩॥		Bikharrae Dhaao Langhaavai Maeraa Sathigur Sukh Sehaj Saethee Ghar Jaathae ||3||	My True Guru will assist you, even on your most difficult moves; you shall reach your true home in celestial peace and poise. ||3||	(ਜਿਹੜੇ ਮਨੁੱਖ ਇਹ ਉੱਦਮ ਕਰਦੇ ਹਨ ਉਹਨਾਂ ਨੂੰ) ਪਿਆਰਾ ਗੁਰੂ (ਕਾਮਾਦਿਕਾਂ ਦੇ ਟਾਕਰੇ ਤੇ) ਔਖੇ ਦਾਅ ਤੋਂ ਕਾਮਯਾਬ ਕਰ ਦੇਂਦਾ ਹੈ, ਉਹ ਮਨੁੱਖ ਆਤਮਕ ਅਡੋਲਤਾ ਦੇ ਸੁਖ-ਆਨੰਦ ਨਾਲ ਪ੍ਰਭੂ-ਚਰਨਾਂ ਵਿਚ ਟਿਕੇ ਰਹਿੰਦੇ ਹਨ ॥੩॥

51152	1185	ਹਰਿ ਆਪੇ ਖੇਲੈ ਆਪੇ ਦੇਖੈ ਹਰਿ ਆਪੇ ਰਚਨੁ ਰਚਾਇਆ॥		Har Aapae Khaelai Aapae Dhaekhai Har Aapae Rachan Rachaaeiaa ||	The Lord Himself plays, and He Himself watches; the Lord Himself created the creation.	ਹੇ ਦਾਸ ਨਾਨਕ! (ਆਖ-ਹੇ ਵੀਰ!) ਪਰਮਾਤਮਾ ਆਪ ਹੀ ਜਗਤ-ਖੇਡ ਖੇਡਦਾ ਹੈ, ਆਪ ਹੀ ਇਹ ਖੇਡ ਵੇਖਦਾ ਹੈ। ਪ੍ਰਭੂ ਨੇ ਆਪ ਹੀ ਇਹ ਰਚਨਾ ਰਚੀ ਹੋਈ ਹੈ।
51153	1185	ਜਨ ਨਾਨਕ ਗੁਰਮੁਖਿ ਜੋ ਨਰੁ ਖੇਲੈ ਸੋ ਜਿਣਿ ਬਾਜੀ ਘਰਿ ਆਇਆ॥੪॥੧॥੧੯॥		Jan Naanak Guramukh Jo Nar Khaelai So Jin Baajee Ghar Aaeiaa ||4||1||19||	O servant Nanak, that person who plays this game as Gurmukh, wins the game of life, and returns to his true home. ||4||1||19||	ਇਥੇ ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਕਾਮਾਦਿਕਾਂ ਦੇ ਟਾਕਰੇ ਤੇ ਜੀਵਨ-ਖੇਡ) ਖੇਡਦਾ ਹੈ, ਉਹ ਇਹ ਬਾਜੀ ਜਿੱਤ ਕੇ ਪ੍ਰਭੂ-ਦਰ ਤੇ ਪਹੁੰਚਦਾ ਹੈ ॥੪॥੧॥੧੯॥
51154	1185	ਬਸੰਤੁ ਮਹਲਾ ੫ ਹਿੰਡੋਲ॥		Basanth Mehalaa 5 Hinddol ||	Basant, Fifth Mehl, Hindol:	
51155	1185	ਤੇਰੀ ਕੁਦਰਤਿ ਤੂਹੈ ਜਾਣਹਿ ਅਉਰੁ ਨ ਦੂਜਾ ਜਾਣੈ॥		Thaeree Kudharath Thoohai Jaanehi Aour N Dhoojaa Jaanai ||	You alone know Your Creative Power, O Lord; no one else knows it.	ਹੇ ਪ੍ਰਭੂ! ਤੇਰੀ ਕੁਦਰਤਿ (ਤਾਕਤ) ਤੂੰ ਆਪ ਹੀ ਜਾਣਦਾ ਹੈਂ, ਕੋਈ ਹੋਰ (ਤੇਰੀ ਸਮਰਥਾ ਨੂੰ) ਨਹੀਂ ਸਮਝ ਸਕਦਾ।

51156	1185	ਜਿਸ ਨੋ ਕ੍ਰਿਪਾ ਕਰਹਿ ਮੇਰੇ ਪਿਆਰੇ ਸੋਈ ਤੁਝੈ ਪਛਾਣੈ॥੧॥		Jis No Kirapaa Karehi Maerae Piaarae Soee Thujhai Pashhaanai ||1||	He alone realizes You, O my Beloved, unto whom You show Your Mercy. ||1||	ਹੇ ਮੇਰੇ ਪਿਆਰੇ ਪ੍ਰਭੂ! ਜਿਸ ਮਨੁੱਖ ਉੱਤੇ ਤੂੰ (ਆਪ) ਮਿਹਰ ਕਰਦਾ ਹੈਂ, ਉਹੀ ਤੇਰੇ ਨਾਲ ਸਾਂਝ ਪਾਂਦਾ ਹੈ ॥੧॥
51157	1185	ਤੇਰਿਆ ਭਗਤਾ ਕਉ ਬਲਿਹਾਰਾ॥	ਭਗਤਾਂ	Thaeriaa Bhagathaa Ko Balihaaraa ||	I am a sacrifice to Your devotees.	ਹੇ ਪ੍ਰਭੂ! ਮੈਂ ਤੇਰੇ ਭਗਤਾਂ ਤੋਂ ਸਦਕੇ ਜਾਂਦਾ ਹਾਂ।
51158	1185	ਥਾਨੁ ਸੁਹਾਵਾ ਸਦਾ ਪ੍ਰਭ ਤੇਰਾ ਰੰਗ ਤੇਰੇ ਆਪਾਰਾ॥੧॥ਰਹਾਉ ॥		Thhaan Suhaavaa Sadhaa Prabh Thaeraa Rang Thaerae Aapaaraa ||1|| Rehaao ||	Your place is eternally beautiful, God; Your wonders are infinite. ||1||Pause||	(ਉਹਨਾਂ ਦੀ ਹੀ ਕਿਰਪਾ ਨਾਲ ਤੇਰੇ ਦਰ ਤੇ ਪਹੁੰਚਿਆ ਜਾ ਸਕਦਾ ਹੈ)। ਹੇ ਪ੍ਰਭੂ! ਜਿੱਥੇ ਤੂੰ ਵੱਸਦਾ ਹੈਂ ਉਹ ਥਾਂ ਸਦਾ ਸੋਹਣਾ ਹੈ, ਬੇਅੰਤ ਹਨ ਤੇਰੇ ਚੋਜ-ਤਮਾਸ਼ੇ ॥੧॥ ਰਹਾਉ ॥
51159	1185	ਤੇਰੀ ਸੇਵਾ ਤੁਝ ਤੇ ਹੋਵੈ ਅਉਰੁ ਨ ਦੂਜਾ ਕਰਤਾ॥		Thaeree Saevaa Thujh Thae Hovai Aour N Dhoojaa Karathaa ||	Only You Yourself can perform Your service. No one else can do it.	ਹੇ ਪ੍ਰਭੂ! ਤੇਰੀ ਭਗਤੀ ਤੇਰੀ ਪ੍ਰੇਰਨਾ ਨਾਲ ਹੀ ਹੋ ਸਕਦੀ ਹੈ, (ਤੇਰੀ ਪ੍ਰੇਰਨਾ ਤੋਂ ਬਿਨਾ) ਕੋਈ ਭੀ ਹੋਰ ਪ੍ਰਾਣੀ (ਤੇਰੀ ਭਗਤੀ) ਨਹੀਂ ਕਰ ਸਕਦਾ।
51160	1185	ਭਗਤੁ ਤੇਰਾ ਸੋਈ ਤੁਧੁ ਭਾਵੈ ਜਿਸ ਨੋ ਤੂ ਰੰਗੁ ਧਰਤਾ॥੨॥		Bhagath Thaeraa Soee Thudhh Bhaavai Jis No Thoo Rang Dhharathaa ||2||	He alone is Your devotee, who is pleasing to You. You bless them with Your Love. ||2||	ਤੇਰਾ ਭਗਤ (ਭੀ) ਉਹੀ ਮਨੁੱਖ (ਬਣਦਾ ਹੈ ਜਿਹੜਾ) ਤੈਨੂੰ ਪਿਆਰਾ ਲੱਗਦਾ ਹੈ ਜਿਸ (ਦੇ ਮਨ) ਨੂੰ ਤੂੰ (ਆਪਣੇ ਪਿਆਰ ਦਾ) ਰੰਗ ਚਾੜ੍ਹਦਾ ਹੈਂ ॥੨॥

51161	1186	ਤੂ ਵਡ ਦਾਤਾ ਤੂ ਵਡ ਦਾਨਾ ਅਉਰੁ ਨਹੀ ਕੋ ਦੂਜਾ॥		Thoo Vadd Dhaathaa Thoo Vadd Dhaanaa Aour Nehee Ko Dhoojaa ||	You are the Great Giver; You are so very Wise. There is no other like You.	ਹੇ ਪ੍ਰਭੂ! ਤੂੰ (ਸਭ ਤੋਂ) ਵੱਡਾ ਦਾਤਾਰ ਹੈਂ, ਤੂੰ (ਸਭ ਤੋਂ) ਵੱਡਾ ਸਿਆਣਾ ਹੈਂ (ਤੇਰੇ ਬਰਾਬਰ ਦਾ) ਕੋਈ ਹੋਰ ਦੂਜਾ ਨਹੀਂ ਹੈ।
51162	1186	ਤੂ ਸਮਰਥੁ ਸੁਆਮੀ ਮੇਰਾ ਹਉ ਕਿਆ ਜਾਣਾ ਤੇਰੀ ਪੂਜਾ॥੩॥	ਪੂਜਾ: ਪੋਲਾ ਬੋਲੋ	Thoo Samarathh Suaamee Maeraa Ho Kiaa Jaanaa Thaeree Poojaa ||3||	You are my All-powerful Lord and Master; I do not know how to worship You. ||3||	ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੂੰ ਮੇਰਾ ਖਸਮ ਹੈਂ, ਮੈਂ ਤੇਰੀ ਭਗਤੀ ਕਰਨੀ ਨਹੀਂ ਜਾਣਦਾ (ਤੂੰ ਆਪ ਹੀ ਮਿਹਰ ਕਰੇਂ, ਤਾਂ ਕਰ ਸਕਦਾ ਹਾਂ) ॥੩॥
51163	1186	ਤੇਰਾ ਮਹਲੁ ਅਗੋਚਰੁ ਮੇਰੇ ਪਿਆਰੇ ਬਿਖਮੁ ਤੇਰਾ ਹੈ ਭਾਣਾ॥		Thaeraa Mehal Agochar Maerae Piaarae Bikham Thaeraa Hai Bhaanaa ||	Your Mansion is imperceptible, O my Beloved; it is so difficult to accept Your Will.	ਹੇ ਮੇਰੇ ਪਿਆਰੇ ਪ੍ਰਭੂ! ਜਿੱਥੇ ਤੂੰ ਵੱਸਦਾ ਹੈਂ ਉਹ ਟਿਕਾਣਾ ਅਸਾਂ ਜੀਵਾਂ ਦੇ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਤੇਰੀ ਰਜ਼ਾ ਵਿਚ ਤੁਰਨਾ ਬੜਾ ਔਖਾ ਕੰਮ ਹੈ।
51164	1186	ਕਹੁ ਨਾਨਕ ਢਹਿ ਪਇਆ ਦੁਆਰੈ ਰਖਿ ਲੇਵਹੁ ਮੁਗਧ ਅਜਾਣਾ॥੪॥੨॥੨੦॥		Kahu Naanak Dtehi Paeiaa Dhuaarai Rakh Laevahu Mugadhh Ajaanaa ||4||2||20||	Says Nanak, I have collapsed at Your Door, Lord. I am foolish and ignorant - please save me! ||4||2||20||	ਨਾਨਕ ਆਖਦਾ ਹੈ- (ਹੇ ਪ੍ਰਭੂ!) ਮੈਂ ਤੇਰੇ ਦਰ ਤੇ ਡਿੱਗ ਪਿਆ ਹਾਂ, ਮੈਨੂੰ ਮੂਰਖ ਨੂੰ ਮੈਨੂੰ ਅੰਞਾਣ ਨੂੰ (ਤੂੰ ਆਪ ਹੱਥ ਦੇ ਕੇ) ਬਚਾ ਲੈ ॥੪॥੨॥੨੦॥
51165	1186	ਬਸੰਤੁ ਹਿੰਡੋਲ ਮਹਲਾ ੫॥		Basanth Hinddol Mehalaa 5 ||	Basant Hindol, Fifth Mehl:	

51166	1186	ਮੂਲੁ ਨ ਬੂਝੈ ਆਪੁ ਨ ਸੂਝੈ ਭਰਮਿ ਬਿਆਪੀ ਅਹੰ ਮਨੀ॥੧॥	(ਮਨੀ) ਮਨੌਤ। ਬੂੱਝੈ	Mool N Boojhai Aap N Soojhai Bharam Biaapee Ahan Manee ||1||	The mortal does not know the Primal Lord God; he does not understand hmself. He is engrossed in doubt and egotism. ||1||	ਹੇ ਭਾਈ! ਹਉਮੈ ਦੇ ਕਾਰਨ (ਜੀਵ ਦੀ ਬੁੱਧੀ ਮਾਇਆ ਦੀ ਖ਼ਾਤਰ) ਦੌੜ-ਭੱਜ ਵਿਚ ਫਸੀ ਰਹਿੰਦੀ ਹੈ, (ਤਾਹੀਏਂ ਜੀਵ ਆਪਣੇ) ਮੂਲੁ-ਪ੍ਰਭੂ ਨਾਲ ਸਾਂਝ ਨਹੀਂ ਪਾਂਦਾ, ਅਤੇ ਆਪਣੇ ਆਪ ਨੂੰ ਭੀ ਨਹੀਂ ਸਮਝਦਾ ॥੧॥
51167	1186	ਪਿਤਾ ਪਾਰਬ੍ਰਹਮ ਪ੍ਰਭ ਧਨੀ॥		Pithaa Paarabreham Prabh Dhhanee ||	My Father is the Supreme Lord God, my Master.	ਹੇ ਮੇਰੇ ਪਿਤਾ ਪਾਰਬ੍ਰਹਮ! ਹੇ ਮੇਰੇ ਮਾਲਕ ਪ੍ਰਭੂ!
51168	1186	ਮੋਹਿ ਨਿਸਤਾਰਹੁ ਨਿਰਗੁਨੀ॥੧॥ਰਹਾਉ ॥	ਨਿਸਤਾਰ–ਹੁ	Mohi Nisathaarahu Niragunee ||1|| Rehaao ||	I am unworthy, but please save me anyway. ||1||Pause||	ਮੈਨੂੰ ਗੁਣ-ਹੀਨ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ॥੧॥ ਰਹਾਉ ॥
51169	1186	ਓਪਤਿ ਪਰਲਉ ਪ੍ਰਭ ਤੇ ਹੋਵੈ ਇਹ ਬੀਚਾਰੀ ਹਰਿ ਜਨੀ॥੨॥		Oupath Paralo Prabh Thae Hovai Eih Beechaaree Har Janee ||2||	Creation and destruction come only from God; this is what the Lord's humble servants believe. ||2||	ਸੰਤ ਜਨਾਂ ਨੇ ਤਾਂ ਇਹੀ ਵਿਚਾਰਿਆ ਹੈ ਕਿ ਜਗਤ ਦੀ ਉਤਪੱਤੀ ਤੇ ਜਗਤ ਦਾ ਨਾਸ ਪਰਮਾਤਮਾ ਦੇ ਹੁਕਮ ਅਨੁਸਾਰ ਹੀ ਹੁੰਦਾ ਹੈ ॥੨॥
51170	1186	ਨਾਮ ਪ੍ਰਭੂ ਕੇ ਜੋ ਰੰਗਿ ਰਾਤੇ ਕਲਿ ਮਹਿ ਸੁਖੀਏ ਸੇ ਗਨੀ॥੩॥		Naam Prabhoo Kae Jo Rang Raathae Kal Mehi Sukheeeae Sae Ganee ||3||	Only those who are imbued with God's Name are judged to be peaceful in this Dark Age of Kali Yuga. ||3||	ਜਿਹੜੇ ਮਨੁੱਖ ਪਰਮਾਤਮਾ ਦੇ ਨਾਮ ਦੇ ਪਿਆਰ-ਰੰਗ ਵਿਚ ਰੰਗੇ ਰਹਿੰਦੇ ਹਨ, ਮੈਂ ਤਾਂ ਉਹਨਾਂ ਨੂੰ ਹੀ ਸੁਖੀ ਜੀਵਨ ਵਾਲੇ ਸਮਝਦਾ ਹਾਂ ॥੩॥

51171	1186	ਅਵਰੁ ਉਪਾਉ ਨ ਕੋਈ ਸੂਝੈ ਨਾਨਕ ਤਰੀਐ ਗੁਰ ਬਚਨੀ॥੪॥੩॥੨੧॥		Avar Oupaao N Koee Soojhai Naanak Thareeai Gur Bachanee ||4||3||21||	It is the Guru's Word that carries us across; Nanak cannot think of any other way. ||4||3||21||	ਹੇ ਨਾਨਕ! (ਆਖ-ਹੇ ਭਾਈ!) ਗੁਰੂ ਦੇ ਬਚਨਾਂ ਉੱਤੇ ਤੁਰ ਕੇ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ। ਹੋਰ ਕੋਈ ਹੀਲਾ ਨਹੀਂ ਸੁੱਝਦਾ (ਜਿਸ ਦੀ ਮਦਦ ਨਾਲ ਪਾਰ ਲੰਘਿਆ ਜਾ ਸਕੇ) ॥੪॥੩॥੨੧॥
51172	1186	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
51173	1186	ਰਾਗੁ ਬਸੰਤੁ ਹਿੰਡੋਲ ਮਹਲਾ ੯॥	ਨਾਵਾਂ	Raag Basanth Hinddol Mehalaa 9 ||	Raag Basant Hindol, Ninth Mehl:	ਰਾਗ ਬਸੰਤੁ/ਹਿੰਡੋਲ ਵਿੱਚ ਗੁਰੂ ਤੇਗਬਹਾਦਰ ਜੀ ਦੀ ਬਾਣੀ।
51174	1186	ਸਾਧੋ ਇਹ ਤਨੁ ਮਿਥਿਆ ਜਾਨਉ॥		Saadhho Eihu Than Mithhiaa Jaano ||	O Holy Saints, know that this body is false.	ਹੇ ਸੰਤ ਜਨੋ! ਇਸ ਸਰੀਰ ਨੂੰ ਨਾਸਵੰਤ ਸਮਝੋ।
51175	1186	ਯਾ ਭੀਤਰਿ ਜੋ ਰਾਮੁ ਬਸਤੁ ਹੈ ਸਾਚੋ ਤਾਹਿ ਪਛਾਨੋ॥੧॥ਰਹਾਉ॥	ਯਾ: ਤਾਲੂ ਤੋਂ ਬੋਲੋ	Yaa Bheethar Jo Raam Basath Hai Saacho Thaahi Pashhaano ||1|| Rehaao ||	The Lord who dwells within it - recognize that He alone is real. ||1||Pause||	ਇਸ ਸਰੀਰ ਵਿਚ ਜਿਹੜਾ ਪਦਾਰਥ ਵੱਸ ਰਿਹਾ ਹੈ, (ਸਿਰਫ਼) ਉਸ ਨੂੰ ਸਦਾ ਕਾਇਮ ਰਹਿਣ ਵਾਲਾ ਜਾਣੋ ॥੧॥ ਰਹਾਉ ॥

51176	1186	ਇਹੁ ਜਗੁ ਹੈ ਸੰਪਤਿ ਸੁਪਨੇ ਕੀ ਦੇਖਿ ਕਹਾ ਐਡਾਨੋ॥	(ਐਡਾਨੋ) ਆਕੜਦਾ ਹੈਂ। ਕਹਾਂ	Eihu Jag Hai Sanpath Supanae Kee Dhaekh Kehaa Aiddaano ||	The wealth of this world is only a dream; why are you so proud of it?	ਇਹ ਜਗਤ ਉਸ ਧਨ-ਸਮਾਨ ਹੀ ਹੈ ਜਿਹੜਾ ਸੁਪਨੇ ਵਿਚ ਲੱਭ ਲਈਦਾ ਹੈ (ਤੇ, ਜਾਗਦਿਆਂ ਹੀ ਖ਼ਤਮ ਹੋ ਜਾਂਦਾ ਹੈ) (ਇਸ ਜਗਤ ਨੂੰ ਧਨ ਨੂੰ) ਵੇਖ ਕੇ ਕਿਉਂ ਅਹੰਕਾਰ ਕਰਦਾ ਹੈਂ?
51177	1186	ਸੰਗਿ ਤਿਹਾਰੈ ਕਛੂ ਨ ਚਾਲੈ ਤਾਹਿ ਕਹਾ ਲਪਟਾਨੋ॥੧॥	ਕਹਾਂ	Sang Thihaarai Kashhoo N Chaalai Thaahi Kehaa Lapattaano ||1||	None of it shall go along with you in the end; why do you cling to it? ||1||	ਇਥੋਂ ਕੋਈ ਭੀ ਚੀਜ਼ (ਅੰਤ ਸਮੇਂ) ਤੇਰੇ ਨਾਲ ਨਹੀਂ ਜਾ ਸਕਦੀ। ਫਿਰ ਇਸ ਨਾਲ ਕਿਉਂ ਚੰਬੜਿਆ ਹੋਇਆ ਹੈਂ? ॥੧॥
51178	1186	ਉਸਤਤਿ ਨਿੰਦਾ ਦੋਊ ਪਰਹਰਿ ਹਰਿ ਕੀਰਤਿ ਉਰ ਆਨੋ॥		Ousathath Nindhaa Dhooo Parehar Har Keerath Our Aano ||	Leave behind both praise and slander; enshrine the Kirtan of the Lord's Praises within your heart.	ਕਿਸੇ ਦੀ ਖ਼ੁਸ਼ਾਮਦ ਕਿਸੇ ਦੀ ਨਿੰਦਿਆ-ਇਹ ਦੋਵੇਂ ਕੰਮ ਛੱਡ ਦੇ। ਸਿਰਫ਼ ਪਰਮਾਤਮਾ ਦੀ ਸਿਫ਼ਤ-ਸਾਲਾਹ (ਆਪਣੇ) ਹਿਰਦੇ ਵਿਚ ਵਸਾਓ।
51179	1186	ਜਨ ਨਾਨਕ ਸਭ ਹੀ ਮੈ ਪੂਰਨ ਏਕ ਪੁਰਖ ਭਗਵਾਨੋ॥੨॥੧॥		Jan Naanak Sabh Hee Mai Pooran Eaek Purakh Bhagavaano ||2||1||	O servant Nanak, the One Primal Being, the Lord God, is totally permeating everywhere. ||2||1||	ਹੇ ਦਾਸ ਨਾਨਕ! (ਆਖ-ਹੇ ਭਾਈ!) ਸਿਰਫ਼ ਉਹ ਭਗਵਾਨ ਪੁਰਖ ਹੀ (ਸਲਾਹੁਣ-ਜੋਗ ਹੈ ਜੋ) ਸਭ ਜੀਵਾਂ ਵਿਚ ਵਿਆਪਕ ਹੈ ॥੨॥੧॥
51180	1186	ਬਸੰਤੁ ਮਹਲਾ ੯॥		Basanth Mehalaa 9 ||	Basant, Ninth Mehl:	

51181	1186	ਪਾਪੀ ਹੀਐ ਮੈ ਕਾਮੁ ਬਸਾਇ॥		Paapee Heeai Mai Kaam Basaae ||	The heart of the sinner is filled with unfulfilled sexual desire.	ਪਾਪਾਂ ਵਿਚ ਫਸਾਣ ਵਾਲੀ ਕਾਮ-ਵਾਸਨਾ (ਮਨੁੱਖ ਦੇ) ਹਿਰਦੇ ਵਿਚ ਟਿਕੀ ਰਹਿੰਦੀ ਹੈ,
51182	1186	ਮਨੁ ਚੰਚਲੁ ਯਾ ਤੇ ਗਹਿਓ ਨ ਜਾਇ॥੧॥ਰਹਾਉ॥	ਯਾ: ਤਾਲੂ ਤੋਂ ਬੋਲੋ	Man Chanchal Yaa Thae Gehiou N Jaae ||1|| Rehaao ||	He cannot control his fickle mind. ||1||Pause||	ਇਸ ਵਾਸਤੇ (ਮਨੁੱਖ ਦਾ) ਚੰਚਲ ਮਨ ਕਾਬੂ ਵਿਚ ਨਹੀਂ ਆ ਸਕਦਾ ॥੧॥ ਰਹਾਉ ॥
51183	1186	ਜੋਗੀ ਜੰਗਮ ਅਰੁ ਸੰਨਿਆਸ॥		Jogee Jangam Ar Sanniaas ||	The Yogis, wandering ascetics and renunciates	ਜੋਗੀ ਜੰਗਮ ਅਤੇ ਸੰਨਿਆਸੀ (ਜਿਹੜੇ ਆਪਣੇ ਵੱਲੋਂ ਮਾਇਆ ਦਾ) ਤਿਆਗ ਕਰ ਗਏ ਹਨ)-
51184	1186	ਸਭ ਹੀ ਪਰਿ ਡਾਰੀ ਇਹ ਫਾਸ॥੧॥		Sabh Hee Par Ddaaree Eih Faas ||1||	- this net is cast over them all. ||1||	ਇਹਨਾਂ ਸਭਨਾਂ ਉੱਤੇ ਹੀ (ਮਾਇਆ ਨੇ ਕਾਮ-ਵਾਸ਼ਨਾ ਦੀ) ਇਹ ਫਾਹੀ ਸੁੱਟੀ ਹੋਈ ਹੈ ॥੧॥
51185	1186	ਜਿਹਿ ਜਿਹਿ ਹਰਿ ਕੋ ਨਾਮੁ ਸਮ੍ਹਾਰਿ॥		Jihi Jihi Har Ko Naam Samhaar ||	Those who contemplate the Name of the Lord	ਜਿਸ ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਇਆ ਹੈ,
51186	1186	ਤੇ ਭਵ ਸਾਗਰ ਉਤਰੇ ਪਾਰਿ॥੨॥		Thae Bhav Saagar Outharae Paar ||2||	Cross over the terrifying world-ocean. ||2||	ਉਹ ਸਾਰੇ ਸੰਸਾਰ-ਸਮੁੰਦਰ (ਦੇ ਵਿਕਾਰਾਂ) ਤੋਂ ਪਾਰ ਲੰਘ ਜਾਂਦੇ ਹਨ ॥੨॥
51187	1186	ਜਨ ਨਾਨਕ ਹਰਿ ਕੀ ਸਰਨਾਇ॥		Jan Naanak Har Kee Saranaae ||	Servant Nanak seeks the Sanctuary of the Lord.	ਹੇ ਨਾਨਕ! ਪਰਮਾਤਮਾ ਦਾ ਦਾਸ ਪਰਮਾਤਮਾ ਦੀ ਸਰਨ ਪਿਆ ਰਹਿੰਦਾ ਹੈ (ਪਰਮਾਤਮਾ ਦੇ ਦਰ ਤੇ ਉਹ ਅਰਜ਼ੋਈ ਕਰਦਾ ਰਹਿੰਦਾ ਹੈ-

51188	1186	ਦੀਜੈ ਨਾਮੁ ਰਹੈ ਗੁਨ ਗਾਇ॥੩॥੨॥		Dheejai Naam Rehai Gun Gaae ||3||2||	Please bestow the blessing of Your Name, that he may continue to sing Your Glorious Praises. ||3||2||	ਹੇ ਪ੍ਰਭੂ! ਆਪਣੇ ਦਾਸ ਨੂੰ ਆਪਣਾ) ਨਾਮ ਦੇਹ (ਤਾ ਕਿ ਤੇਰਾ ਦਾਸ ਤੇਰੇ) ਗੁਣ ਗਾਂਦਾ ਰਹੇ (ਇਸ ਤਰ੍ਹਾਂ ਉਹ ਕਾਮਾਦਿਕ ਵਿਕਾਰਾਂ ਦੀ ਮਾਰ ਤੋਂ ਬਚਿਆ ਰਹਿੰਦਾ ਹੈ) ॥੩॥੨॥
51189	1186	ਬਸੰਤੁ ਮਹਲਾ ੯॥		Basanth Mehalaa 9 ||	Basant, Ninth Mehl:	
51190	1186	ਮਾਈ ਮੈ ਧਨੁ ਪਾਇਓ ਹਰਿ ਨਾਮੁ॥		Maaee Mai Dhhan Paaeiou Har Naam ||	O mother, I have gathered the wealth of the Lord's Name.	ਹੇ (ਮੇਰੀ) ਮਾਂ! (ਜਦੋਂ ਦਾ ਗੁਰੂ ਦੀ ਸਰਨ ਪੈ ਕੇ) ਮੈਂ ਪਰਮਾਤਮਾ ਦਾ ਨਾਮ-ਧਨ ਹਾਸਲ ਕੀਤਾ ਹੈ,
51191	1186	ਮਨੁ ਮੇਰੋ ਧਾਵਨ ਤੇ ਛੂਟਿਓ ਕਰਿ ਬੈਠੋ ਬਿਸਰਾਮੁ॥੧॥ਰਹਾਉ॥		Man Maero Dhhaavan Thae Shhoottiou Kar Baitho Bisaraam ||1|| Rehaao ||	My mind has stopped its wanderings, and now, it has come to rest. ||1||Pause||	ਮੇਰਾ ਮਨ (ਮਾਇਆ ਦੀ ਖ਼ਾਤਰ) ਦੌੜ-ਭੱਜ ਕਰਨ ਤੋਂ ਬਚ ਗਿਆ ਹੈ, (ਹੁਣ ਮੇਰਾ ਮਨ ਨਾਮ-ਧਨ ਵਿਚ) ਟਿਕਾਣਾ ਬਣਾ ਕੇ ਬਹਿ ਗਿਆ ਹੈ ॥੧॥ ਰਹਾਉ॥
51192	1186	ਮਾਇਆ ਮਮਤਾ ਤਨ ਤੇ ਭਾਗੀ ਉਪਜਿਓ ਨਿਰਮਲ ਗਿਆਨੁ॥		Maaeiaa Mamathaa Than Thae Bhaagee Oupajiou Niramal Giaan ||	Attachment to Maya has run away from my body, and immaculate spiritual wisdom has welled up within me.	ਹੇ ਮੇਰੀ ਮਾਂ! (ਗੁਰੂ ਦੀ ਕਿਰਪਾ ਨਾਲ ਮੇਰੇ ਅੰਦਰ) ਸੁੱਧ-ਸਰੂਪ ਪਰਮਾਤਮਾ ਨਾਲ ਡੂੰਘੀ ਸਾਂਝ ਬਣ ਗਈ ਹੈ (ਜਿਸ ਕਰਕੇ) ਮੇਰੇ ਸਰੀਰ ਵਿਚੋਂ ਮਾਇਆ ਜੋੜਨ ਦੀ ਲਾਲਸਾ ਦੂਰ ਹੋ ਗਈ ਹੈ।

51193	1186	ਲੋਭ ਮੋਹ ਏਹ ਪਰਸਿ ਨ ਸਾਕੈ ਗਹੀ ਭਗਤਿ ਭਗਵਾਨ॥੧॥		Lobh Moh Eaeh Paras N Saakai Gehee Bhagath Bhagavaan ||1||	Greed and attachment cannot even touch me; I have grasped hold of devotional worship of the Lord. ||1||	(ਜਦੋਂ ਤੋਂ ਮੈਂ) ਭਗਵਾਨ ਦੀ ਭਗਤੀ ਹਿਰਦੇ ਵਿਚ ਵਸਾਈ ਹੈ ਲੋਭ ਅਤੇ ਮੋਹ ਇਹ ਮੇਰੇ ਉਤੇ ਆਪਣਾ ਜ਼ੋਰ ਨਹੀਂ ਪਾ ਸਕਦੇ ॥੧॥
51194	1186	ਜਨਮ ਜਨਮ ਕਾ ਸੰਸਾ ਚੂਕਾ ਰਤਨੁ ਨਾਮੁ ਜਬ ਪਾਇਆ॥		Janam Janam Kaa Sansaa Chookaa Rathan Naam Jab Paaeiaa ||	The cynicism of countless lifetimes has been eradicated, since I obtained the jewel of the Naam, the Name of the Lord.	ਹੇ ਮੇਰੀ ਮਾਂ! ਜਦੋਂ ਤੋਂ (ਗੁਰੂ ਦੀ ਕਿਰਪਾ ਨਾਲ) ਮੈਂ ਪਰਮਾਤਮਾ ਦਾ ਅਮੋਲਕ ਨਾਮ ਲੱਭਾ ਹੈ, ਮੇਰਾ ਜਨਮਾਂ ਜਨਮਾਂਤਰਾਂ ਦਾ ਸਹਿਮ ਦੂਰ ਹੋ ਗਿਆ ਹੈ।
51195	1186	ਤ੍ਰਿਸਨਾ ਸਕਲ ਬਿਨਾਸੀ ਮਨ ਤੇ ਨਿਜ ਸੁਖ ਮਾਹਿ ਸਮਾਇਆ॥੨॥		Thrisanaa Sakal Binaasee Man Thae Nij Sukh Maahi Samaaeiaa ||2||	My mind was rid of all its desires, and I was absorbed in the peace of my own inner being. ||2||	ਮੇਰੇ ਮਨ ਵਿਚੋਂ ਸਾਰੀ ਤ੍ਰਿਸ਼ਨਾ ਮੁੱਕ ਗਈ ਹੈ, ਹੁਣ ਮੈਂ ਉਸ ਆਨੰਦ ਵਿਚ ਟਿਕਿਆ ਰਹਿੰਦਾ ਹਾਂ ਜਿਹੜਾ ਸਦਾ ਮੇਰੇ ਨਾਲ ਟਿਕਿਆ ਰਹਿਣ ਵਾਲਾ ਹੈ ॥੨॥
51196	1186	ਜਾ ਕਉ ਹੋਤ ਦਇਆਲੁ ਕਿਰਪਾਨਿਧਿ ਸੋ ਗੋਬਿੰਦ ਗੁਨ ਗਾਵੈ॥		Jaa Ko Hoth Dhaeiaal Kirapaa Nidhh So Gobindh Gun Gaavai ||	That person, unto whom the Merciful Lord shows compassion, sings the Glorious Praises of the Lord of the Universe.	ਹੇ ਮਾਂ! ਕਿਰਪਾ ਦਾ ਖ਼ਜ਼ਾਨਾ ਗੋਬਿੰਦ ਜਿਸ ਮਨੁੱਖ ਉੱਤੇ ਦਇਆਵਾਨ ਹੁੰਦਾ ਹੈ, ਉਹ ਮਨੁੱਖ ਉਸ ਦੇ ਗੁਣ ਗਾਂਦਾ ਰਹਿੰਦਾ ਹੈ।

51197	1186	ਕਹੁ ਨਾਨਕ ਇਹ ਬਿਧਿ ਕੀ ਸੰਪੈ ਕੋਊ ਗੁਰਮੁਖਿ ਪਾਵੈ॥੩॥੩॥		Kahu Naanak Eih Bidhh Kee Sanpai Kooo Guramukh Paavai ||3||3||	Says Nanak, this wealth is gathered only by the Gurmukh. ||3||3||	ਨਾਨਕ ਆਖਦਾ ਹੈ- (ਹੇ ਮਾਂ) ਕੋਈ ਵਿਰਲਾ ਮਨੁੱਖ ਇਸ ਕਿਸਮ ਦਾ ਧਨ ਗੁਰੂ ਦੇ ਸਨਮੁਖ ਰਹਿ ਕੇ ਹਾਸਲ ਕਰਦਾ ਹੈ ॥੩॥੩॥
51198	1186	ਬਸੰਤੁ ਮਹਲਾ ੯॥		Basanth Mehalaa 9 ||	Basant, Ninth Mehl:	
51199	1186	ਮਨ ਕਹਾ ਬਿਸਾਰਿਓ ਰਾਮ ਨਾਮੁ॥	ਕਹਾਂ	Man Kehaa Bisaariou Raam Naam ||	O my mind,how can you forget the Lord's Name?	ਹੇ ਮਨ! ਤੂੰ ਪਰਮਾਤਮਾ ਦਾ ਨਾਮ ਕਿਉਂ ਭੁਲਾਈ ਬੈਠਾ ਹੈਂ?
51200	1186	ਤਨੁ ਬਿਨਸੈ ਜਮ ਸਿਉ ਪਰੈ ਕਾਮੁ॥੧॥ਰਹਾਉ॥		Than Binasai Jam Sio Parai Kaam ||1|| Rehaao ||	When the body perishes, you shall have to deal with the Messenger of Death. ||1||Pause||	(ਜਦੋਂ) ਸਰੀਰ ਨਾਸ ਹੋ ਜਾਂਦਾ ਹੈ, (ਤਦੋਂ ਪਰਮਾਤਮਾ ਦੇ ਨਾਮ ਤੋਂ ਬਿਨਾ) ਜਮਾਂ ਨਾਲ ਵਾਹ ਪੈਂਦਾ ਹੈ ॥੧॥ ਰਹਾਉ ॥
51201	1186	ਇਹੁ ਜਗੁ ਧੂਏ ਕਾ ਪਹਾਰ॥		Eihu Jag Dhhooeae Kaa Pehaar ||	This world is just a hill of smoke.	ਹੇ ਮਨ! ਇਹ ਸੰਸਾਰ (ਤਾਂ, ਮਾਨੋ) ਧੂਏਂ ਦਾ ਪਹਾੜ ਹੈ (ਜਿਸ ਨੂੰ ਹਵਾ ਦਾ ਇੱਕੋ ਬੁੱਲਾ ਉਡਾ ਕੇ ਲੈ ਜਾਂਦਾ ਹੈ)।
51202	1187	ਤੈ ਸਾਚਾ ਮਾਨਿਆ ਕਿਹ ਬਿਚਾਰਿ॥੧॥		Thai Saachaa Maaniaa Kih Bichaar ||1||	What makes you think that it is real? ||1||	ਹੇ ਮਨ! ਤੂੰ ਕੀਹ ਸਮਝ ਕੇ (ਇਸ ਜਗਤ ਨੂੰ) ਸਦਾ ਕਾਇਮ ਰਹਿਣ ਵਾਲਾ ਮੰਨੀ ਬੈਠਾ ਹੈਂ? ॥੧॥
51203	1187	ਧਨੁ ਦਾਰਾ ਸੰਪਤਿ ਗ੍ਰੇਹ॥		Dhhan Dhaaraa Sanpath Graeh ||	Wealth, spouse, property and household	ਹੇ ਮਨ! (ਚੰਗੀ ਤਰ੍ਹਾਂ ਸਮਝ ਲੈ ਕਿ) ਧਨ, ਇਸਤ੍ਰੀ, ਜਾਇਦਾਦ, ਘਰ-

51204	1187	ਕਛੁ ਸੰਗਿ ਨ ਚਾਲੈ ਸਮਝ ਲੇਹ॥੨॥		Kashh Sang N Chaalai Samajh Laeh ||2||	- none of them shall go along with you; you must know that this is true! ||2||	ਇਹਨਾਂ ਵਿਚੋਂ ਕੋਈ ਭੀ ਚੀਜ਼ (ਮੌਤ ਵੇਲੇ ਜੀਵ ਦੇ) ਨਾਲ ਨਹੀਂ ਜਾਂਦੀ ॥੨॥
51205	1187	ਇਕ ਭਗਤਿ ਨਾਰਾਇਨ ਹੋਇ ਸੰਗਿ॥		Eik Bhagath Naaraaein Hoe Sang ||	Only devotion to the Lord shall go with you.	ਸਿਰਫ਼ ਪਰਮਾਤਮਾ ਦੀ ਭਗਤੀ ਹੀ ਮਨੁੱਖ ਦੇ ਨਾਲ ਰਹਿੰਦੀ ਹੈ।
51206	1187	ਕਹੁ ਨਾਨਕ ਭਜੁ ਤਿਹ ਏਕ ਰੰਗਿ॥੩॥੪॥	ਭਜੁ: ਪੋਲਾ ਬੋਲੋ	Kahu Naanak Bhaj Thih Eaek Rang ||3||4||	Says Nanak, vibrate and meditate on the Lord with single-minded love. ||3||4||	(ਇਸ ਵਾਸਤੇ) ਨਾਨਕ ਆਖਦਾ ਹੈ- ਸਿਰਫ਼ ਪਰਮਾਤਮਾ ਦੇ ਪਿਆਰ ਵਿਚ (ਟਿਕ ਕੇ) ਉਸ ਦਾ ਭਜਨ ਕਰਿਆ ਕਰ ॥੩॥੪॥
51207	1187	ਬਸੰਤੁ ਮਹਲਾ ੯॥		Basanth Mehalaa 9 ||	Basant, Ninth Mehl:	
51208	1187	ਕਹਾ ਭੂਲਿਓ ਰੇ ਝੂਠੇ ਲੋਭ ਲਾਗ॥		Kehaa Bhooliou Rae Jhoothae Lobh Laag ||	Why do you wander lost, O mortal, attached to falsehood and greed?	ਹੇ ਭਾਈ! ਨਾਸਵੰਤ ਦੁਨੀਆ ਦੇ ਲੋਭ ਵਿਚ ਫਸ ਕੇ (ਹਰਿ-ਨਾਮ ਤੋਂ) ਕਿੱਥੇ ਖੁੰਝਿਆ ਫਿਰਦਾ ਹੈਂ?
51209	1187	ਕਛੁ ਬਿਗਰਿਓ ਨਾਹਨਿ ਅਜਹੁ ਜਾਗ॥੧॥ਰਹਾਉ॥		Kashh Bigariou Naahin Ajahu Jaag ||1|| Rehaao ||	Nothing has been lost yet - there is still time to wake up! ||1||Pause||	ਹੁਣ ਹੀ ਸਿਆਣਾ ਬਣ, (ਤੇ, ਪਰਮਾਤਮਾ ਦਾ ਨਾਮ ਜਪਿਆ ਕਰ। ਜੇ ਬਾਕੀ ਦੀ ਉਮਰ ਸਿਮਰਨ ਵਿਚ ਗੁਜ਼ਾਰੇਂ, ਤਾਂ ਭੀ ਤੇਰਾ) ਕੁਝ ਵਿਗੜਿਆ ਨਹੀਂ ॥੧॥ ਰਹਾਉ ॥
51210	1187	ਸਮ ਸੁਪਨੈ ਕੈ ਇਹੁ ਜਗੁ ਜਾਨੁ॥		Sam Supanai Kai Eihu Jag Jaan ||	You must realize that this world is nothing more than a dream.	ਇਸ ਜਗਤ ਨੂੰ ਸੁਪਨੇ (ਵਿਚ ਵੇਖੇ ਪਦਾਰਥਾਂ) ਦੇ ਬਰਾਬਰ ਸਮਝ।

51211	1187	ਬਿਨਸੈ ਛਿਨ ਮੈ ਸਾਚੀ ਮਾਨੁ॥੧॥		Binasai Shhin Mai Saachee Maan ||1||	In an instant, it shall perish; know this as true. ||1||	ਇਹ ਗੱਲ ਸੱਚੀ ਮੰਨ ਕਿ (ਇਹ ਜਗਤ) ਇਕ ਛਿਨ ਵਿਚ ਨਾਸ ਹੋ ਜਾਂਦਾ ਹੈ ॥੧॥
51212	1187	ਸੰਗਿ ਤੇਰੈ ਹਰਿ ਬਸਤ ਨੀਤ॥		Sang Thaerai Har Basath Neeth ||	The Lord constantly abides with you.	ਹੇ ਮਿੱਤਰ! ਪਰਮਾਤਮਾ ਸਦਾ ਤੇਰੇ ਨਾਲ ਵੱਸਦਾ ਹੈ।
51213	1187	ਨਿਸ ਬਾਸੁਰ ਭਜੁ ਤਾਹਿ ਮੀਤ॥੨॥		Nis Baasur Bhaj Thaahi Meeth ||2||	Night and day, vibrate and meditate on Him, O my friend. ||2||	ਤੂੰ ਦਿਨ ਰਾਤ ਉਸ ਦਾ ਹੀ ਭਜਨ ਕਰਿਆ ਕਰ ॥੨॥
51214	1187	ਬਾਰ ਅੰਤ ਕੀ ਹੋਇ ਸਹਾਇ॥		Baar Anth Kee Hoe Sehaae ||	At the very last instant, He shall be your Help and Support.	ਅਖ਼ੀਰਲੇ ਸਮੇ ਪਰਮਾਤਮਾ ਹੀ ਮਦਦਗਾਰ ਬਣਦਾ ਹੈ।
51215	1187	ਕਹੁ ਨਾਨਕ ਗੁਨ ਤਾ ਕੇ ਗਾਇ॥੩॥੫॥		Kahu Naanak Gun Thaa Kae Gaae ||3||5||	Says Nanak, sing His Praises. ||3||5||	ਨਾਨਕ ਆਖਦਾ ਹੈ- ਹੇ ਭਾਈ! ਤੂੰ (ਸਦਾ) ਉਸ ਦੇ ਗੁਣ ਗਾਇਆ ਕਰ ॥੩॥੫॥
51216	1187	ਬਸੰਤੁ ਮਹਲਾ ੧ ਅਸਟਪਦੀਆ ਘਰੁ ੧ ਦੁਤੁਕੀਆ	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ।ਦੁ-ਤੁਕੀਆਂ: ਪੋਲਾ ਬੋਲੋ	Basanth Mehalaa 1 Asattapadheeaa Ghar 1 Dhuthukeeaa	Basant, First Mehl, Ashtapadees, First House, Du-Tukees:	ਰਾਗ ਬਸੰਤੁ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਦੋ-ਤੁਕੀ ਬਾਣੀ।
51217	1187	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

51218	1187	ਜਗੁ ਕਉਆ ਨਾਮੁ ਨਹੀ ਚੀਤਿ॥		Jag Kooaa Naam Nehee Cheeth ||	The world is a crow; it does not remember the Naam, the Name of the Lord.	ਵੇਖ, ਜਿਸ ਦੇ ਚਿੱਤ ਵਿਚ ਪਰਮਾਤਮਾ ਦਾ ਨਾਮ ਨਹੀਂ ਹੈ ਉਹ ਮਾਇਆ-ਵੇੜ੍ਹਿਆ ਜੀਵ ਕਾਂ (ਦੇ ਸੁਭਾਵ ਵਾਲਾ) ਹੈ;
51219	1187	ਨਾਮੁ ਬਿਸਾਰਿ ਗਿਰੈ ਦੇਖੁ ਭੀਤਿ॥		Naam Bisaar Girai Dhaekh Bheeth ||	Forgetting the Naam, it sees the bait, and pecks at it.	ਪ੍ਰਭੂ ਦਾ ਨਾਮ ਭੁਲਾ ਕੇ (ਉਹ ਕਾਂ ਵਾਂਗ) ਚੋਗੇ ਤੇ ਡਿੱਗਦਾ ਹੈ,
51220	1187	ਮਨੂਆ ਡੋਲੈ ਚੀਤਿ ਅਨੀਤਿ॥		Manooaa Ddolai Cheeth Aneeth ||	The mind wavers unsteadily, in guilt and deceit.	ਉਸ ਦਾ ਮਨ (ਮਾਇਆ ਵਲ ਹੀ) ਡੋਲਦਾ ਰਹਿੰਦਾ ਹੈ, ਉਸ ਦੇ ਚਿੱਤ ਵਿਚ (ਸਦਾ) ਖੋਟ ਹੀ ਹੁੰਦਾ ਹੈ।
51221	1187	ਜਗ ਸਿਉ ਤੂਟੀ ਝੂਠ ਪਰੀਤਿ॥੧॥		Jag Sio Thoottee Jhooth Pareeth ||1||	I have shattered my attachment to the false world. ||1||	ਪਰ ਦੁਨੀਆ ਦੀ ਮਾਇਆ ਨਾਲ ਇਹ ਪ੍ਰੀਤ ਝੂਠੀ ਹੈ, ਕਦੇ ਤੋੜ ਨਹੀਂ ਚੜ੍ਹਦੀ ॥੧॥
51222	1187	ਕਾਮੁ ਕ੍ਰੋਧੁ ਬਿਖੁ ਬਜਰੁ ਭਾਰੁ॥	ਬੱਜਰੁ	Kaam Krodhh Bikh Bajar Bhaar ||	The burden of sexual desire, anger and corruption is unbearable.	(ਕਾਮ ਤੇ ਕ੍ਰੋਧ (ਮਾਨੋ) ਜ਼ਹਰ ਹੈ (ਜੋ ਆਤਮਕ ਜੀਵਨ ਨੂੰ ਮੁਕਾ ਦੇਂਦਾ ਹੈ), ਇਹ (ਮਾਨੋ) ਇਕ ਕਰੜਾ ਬੋਝ ਹੈ (ਜਿਸ ਦੇ ਹੇਠ ਆਤਮਕ ਜੀਵਨ ਘੁੱਟ ਕੇ ਮਰ ਜਾਂਦਾ ਹੈ)।
51223	1187	ਨਾਮ ਬਿਨਾ ਕੈਸੇ ਗੁਨ ਚਾਰੁ॥੧॥ਰਹਾਉ॥		Naam Binaa Kaisae Gun Chaar ||1|| Rehaao ||	Without the Naam, how can the mortal maintain a virtuous lifestyle? ||1||Pause||	ਗੁਣਾਂ ਵਾਲਾ ਆਚਰਨ (ਆਤਮਕ ਜੀਵਨ) ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਕਦੇ ਬਣ ਹੀ ਨਹੀਂ ਸਕਦਾ ॥੧॥ ਰਹਾਉ ॥
51224	1187	ਘਰੁ ਬਾਲੂ ਕਾ ਘੂਮਨ ਘੇਰਿ॥		Ghar Baaloo Kaa Ghooman Ghaer ||	The world is like a house of sand, built on a whirlpool;	ਵੇਖ, ਜਿਵੇਂ ਘੁੰਮਣ-ਘੇਰੀ ਵਿਚ ਰੇਤ ਦਾ ਘਰ ਬਣਿਆ ਹੋਇਆ ਹੋਵੇ,

51225	1187	ਬਰਖਸਿ ਬਾਣੀ ਬੁਦਬੁਦਾ ਹੇਰਿ॥	(ਬਾਣੀ) ਬਣੌਟ। ਬਰਖ-ਸਿ	Barakhas Baanee Budhabudhaa Haer ||	It is like a bubble formed by drops of rain.	ਜਿਵੇਂ ਵਰਖਾ ਵੇਲੇ ਬੁਲਬੁਲਾ ਬਣ ਜਾਂਦਾ ਹੈ,
51226	1187	ਮਾਤ੍ਰ ਬੂੰਦ ਤੇ ਧਰਿ ਚਕੁ ਫੇਰਿ॥		Maathr Boondh Thae Dhhar Chak Faer ||	It is formed from a mere drop, when the Lord's wheel turns round.	(ਤਿਵੇਂ ਇਸ ਸਰੀਰ ਦੀ ਪਾਂਇਆਂ ਹੈ, ਜਿਸ ਨੂੰ ਸਿਰਜਣਹਾਰ ਨੇ ਆਪਣੀ ਕੁਦਰਤਿ ਦਾ) ਚੱਕ ਘੁਮਾ ਕੇ (ਪਿਤਾ ਦੇ ਵੀਰਜ ਦੀ) ਬੂੰਦ ਮਾਤ੍ਰ ਤੋਂ ਰਚ ਦਿੱਤਾ ਹੈ (ਜਿਵੇਂ ਕੋਈ ਘੁਮਿਆਰ ਚੱਕ ਘੁਮਾ ਕੇ ਮਿੱਟੀ ਤੋਂ ਭਾਂਡਾ ਬਣਾ ਦੇਂਦਾ ਹੈ)।
51227	1187	ਸਰਬ ਜੋਤਿ ਨਾਮੈ ਕੀ ਚੇਰਿ॥੨॥		Sarab Joth Naamai Kee Chaer ||2||	The lights of all souls are the servants of the Lord's Name. ||2||	(ਸੋ, ਜੇ ਤੂੰ ਆਤਮਕ ਮੌਤ ਤੋਂ ਬਚਣਾ ਹੈ ਤਾਂ ਆਪਣੀ ਜਿੰਦ ਨੂੰ) ਉਸ ਪ੍ਰਭੂ ਦੇ ਨਾਮ ਦੀ ਦਾਸੀ ਬਣਾ ਜਿਸ ਦੀ ਜੋਤਿ ਸਭ ਜੀਵਾਂ ਵਿਚ ਮੌਜੂਦ ਹੈ ॥੨॥
51228	1187	ਸਰਬ ਉਪਾਇ ਗੁਰੂ ਸਿਰਿ ਮੋਰੁ॥		Sarab Oupaae Guroo Sir Mor ||	My Supreme Guru has created everything.	ਹੇ ਪ੍ਰਭੂ! ਤੂੰ ਸਾਰੇ ਜੀਵ ਪੈਦਾ ਕਰ ਕੇ ਸਭ ਦੇ ਸਿਰ ਤੇ ਸ਼ਿਰੋਮਣੀ ਹੈਂ, ਗੁਰੂ ਹੈਂ।
51229	1187	ਭਗਤਿ ਕਰਉ ਪਗ ਲਾਗਉ ਤੋਰ॥		Bhagath Karo Pag Laago Thor ||	I perform devotional worship service to You, and fall at Your Feet, O Lord.	ਮੇਰੀ ਇਹ ਤਾਂਘ ਹੈ ਕਿ ਮੈਂ ਤੇਰੀ ਭਗਤੀ ਕਰਾਂ, ਮੈਂ ਤੇਰੇ ਚਰਨੀਂ ਲੱਗਾ ਰਹਾਂ,
51230	1187	ਨਾਮਿ ਰਤੋ ਚਾਹਉ ਤੁਝ ਓਰੁ॥		Naam Ratho Chaaho Thujh Our ||	Imbued with Your Name, I long to be Yours.	ਤੇਰੇ ਨਾਮ-ਰੰਗ ਵਿਚ ਰੰਗਿਆ ਰਹਾਂ ਤੇ ਤੇਰਾ ਹੀ ਪੱਲਾ ਫੜੀ ਰੱਖਾਂ।

51231	1187	ਨਾਮੁ ਦੁਰਾਇ ਚਲੈ ਸੋ ਚੋਰੁ॥੩॥	ਚੱਲੈ	Naam Dhuraae Chalai So Chor ||3||	Those who do not let the Naam become manifest within themselves, depart like thieves in the end. ||3||	ਜੇਹੜਾ ਮਨੁੱਖ ਤੇਰੇ ਨਾਮ ਨੂੰ (ਆਪਣੀ ਜਿੰਦ ਤੋਂ) ਦੂਰ ਦੂਰ ਰੱਖ ਕੇ (ਜੀਵਨ-ਪੰਧ ਵਿਚ) ਤੁਰਦਾ ਹੈ ਉਹ ਤੇਰਾ ਚੋਰ ਹੈ ॥੩॥
51232	1187	ਪਤਿ ਖੋਈ ਬਿਖੁ ਅੰਚਲਿ ਪਾਇ॥		Path Khoee Bikh Anchal Paae ||	The mortal loses his honor, gathering sin and corruption.	ਹੇ ਮੇਰੀ ਮਾਂ! ਜੇਹੜਾ ਮਨੁੱਖ (ਵਿਕਾਰਾਂ ਦੀ) ਜ਼ਹਰ ਹੀ ਪੱਲੇ ਬੰਨ੍ਹਦਾ ਹੈ ਉਹ ਆਪਣੀ ਇੱਜ਼ਤ ਗਵਾ ਲੈਂਦਾ ਹੈ,
51233	1187	ਸਾਚ ਨਾਮਿ ਰਤੋ ਪਤਿ ਸਿਉ ਘਰਿ ਜਾਇ॥		Saach Naam Ratho Path Sio Ghar Jaae ||	But imbued with the Lord's Name, you shall go to your true home with honor.	ਪਰ ਜੇਹੜਾ ਬੰਦਾ ਸਦਾ-ਥਿਰ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗਿਆ ਜਾਂਦਾ ਹੈ, ਉਹ ਪ੍ਰਭੂ ਦੇ ਦੇਸ ਵਿਚ ਇੱਜ਼ਤ ਨਾਲ ਜਾਂਦਾ ਹੈ।
51234	1187	ਜੋ ਕਿਛੁ ਕੀਨ੍ਸਿ ਪ੍ਰਭੁ ਰਜਾਇ॥		Jo Kishh Keenhas Prabh Rajaae ||	God does whatever He wills.	(ਉਸ ਨੂੰ ਇਹ ਯਕੀਨ ਹੁੰਦਾ ਹੈ ਕਿ) ਪ੍ਰਭੂ ਜੋ ਕੁਝ ਕਰਦਾ ਹੈ ਆਪਣੀ ਰਜ਼ਾ ਵਿਚ ਕਰਦਾ ਹੈ (ਕਿਸੇ ਹੋਰ ਦਾ ਉਸ ਦੀ ਰਜ਼ਾ ਵਿਚ ਕੋਈ ਦਖ਼ਲ ਨਹੀਂ),
51235	1187	ਭੈ ਮਾਨੈ ਨਿਰਭਉ ਮੇਰੀ ਮਾਇ॥੪॥		Bhai Maanai Nirabho Maeree Maae ||4||	One who abides in the Fear of God, becomes fearless, O my mother. ||4||	ਤੇ ਜੇਹੜਾ ਬੰਦਾ ਉਸ ਦੇ ਡਰ-ਅਦਬ ਵਿਚ ਰਹਿਣ ਗਿੱਝ ਜਾਂਦਾ ਹੈ ਉਹ (ਇਸ ਜੀਵਨ-ਸਫ਼ਰ ਵਿਚ ਕਾਮ ਕ੍ਰੋਧ ਆਦਿਕ ਵਲੋਂ) ਬੇ-ਫ਼ਿਕਰ ਹੋ ਕੇ ਤੁਰਦਾ ਹੈ ॥੪॥
51236	1187	ਕਾਮਨਿ ਚਾਹੈ ਸੁੰਦਰਿ ਭੋਗੁ॥		Kaaman Chaahai Sundhar Bhog ||	The woman desires beauty and pleasure.	ਸੁੰਦਰ ਜੀਵ-ਇਸਤ੍ਰੀ ਦੁਨੀਆ ਦੇ ਚੰਗੇ ਪਦਾਰਥਾਂ ਦਾ ਭੋਗ ਲੋੜਦੀ ਹੈ,

51237	1187	ਪਾਨ ਫੂਲ ਮੀਠੇ ਰਸ ਰੋਗ॥		Paan Fool Meethae Ras Rog ||	But betel leaves, garlands of flowers and sweet tastes lead only to disease.	ਪਰ ਇਹ ਪਾਨ ਫੁੱਲ ਮਿੱਠੇ ਪਦਾਰਥਾਂ ਦੇ ਸੁਆਦ-ਇਹ ਸਭ ਹੋਰ ਹੋਰ ਵਿਕਾਰ ਤੇ ਰੋਗ ਹੀ ਪੈਦਾ ਕਰਦੇ ਹਨ।
51238	1187	ਖੀਲੈ ਬਿਗਸੈ ਤੇਤੋ ਸੋਗ॥	(ਖੀਲੈ) ਖਿਲਬਿਲੀਆਂ	Kheelai Bigasai Thaetho Sog ||	The more she plays and enjoys, the more she suffers in sorrow.	ਜਿਤਨਾ ਹੀ ਵਧੀਕ ਉਹ ਇਹਨਾਂ ਭੋਗਾਂ ਵਿਚ ਖਿੱਲੀਆਂ ਮਾਰਦੀ ਹੈ ਤੇ ਖ਼ੁਸ਼ ਹੁੰਦੀ ਹੈ ਉਤਨਾ ਹੀ ਵਧੀਕ ਦੁੱਖ-ਰੋਗ ਵਿਆਪਦਾ ਹੈ।
51239	1187	ਪ੍ਰਭ ਸਰਣਾਗਤਿ ਕੀਨ੍ਸਿ ਹੋਗ॥੫॥	ਸਰ-ਣਾਗਤਿ	Prabh Saranaagath Keenhas Hog ||5||	But when she enters into the Sanctuary of God, whatever she wishes comes to pass. ||5||	ਪਰ ਜੇਹੜੀ ਜੀਵ-ਇਸਤ੍ਰੀ ਪ੍ਰਭੂ ਦੀ ਸਰਨ ਆ ਜਾਂਦੀ ਹੈ (ਉਹ ਰਜ਼ਾ ਵਿਚ ਤੁਰਦੀ ਹੈ ਉਸ ਨੂੰ ਨਿਸ਼ਚਾ ਹੁੰਦਾ ਹੈ ਕਿ) ਜੋ ਕੁਝ ਪ੍ਰਭੂ ਕਰਦਾ ਹੈ ਉਹੀ ਹੁੰਦਾ ਹੈ ॥੫॥
51240	1187	ਕਾਪੜੁ ਪਹਿਰਸਿ ਅਧਿਕੁ ਸੀਗਾਰੁ॥		Kaaparr Pehiras Adhhik Seegaar ||	She wears beautiful clothes with all sorts of decorations.	ਜੇਹੜੀ ਜੀਵ-ਇਸਤ੍ਰੀ ਸੋਹਣਾ ਸੋਹਣਾ ਕੱਪੜਾ ਪਹਿਨਦੀ ਹੈ ਵਧੀਕ ਵਧੀਕ ਸ਼ਿੰਗਾਰ ਕਰਦੀ ਹੈ,
51241	1187	ਮਾਟੀ ਫੂਲੀ ਰੂਪੁ ਬਿਕਾਰੁ॥		Maattee Foolee Roop Bikaar ||	But the flowers turn to dust, and her beauty leads her into evil.	ਆਪਣੀ ਕਾਂਇਆਂ ਨੂੰ ਵੇਖ ਵੇਖ ਕੇ ਫੁੱਲ ਫੁੱਲ ਬਹਿੰਦੀ ਹੈ, ਉਸ ਦਾ ਰੂਪ ਉਸ ਨੂੰ ਹੋਰ ਹੋਰ ਵਿਕਾਰ ਵਲ ਪ੍ਰੇਰਦਾ ਹੈ,
51242	1187	ਆਸਾ ਮਨਸਾ ਬਾਂਧੋ ਬਾਰੁ॥		Aasaa Manasaa Baandhho Baar ||	Hope and desire have blocked the doorway.	ਦੁਨੀਆ ਦੀਆਂ ਆਸਾਂ ਤੇ ਖ਼ਾਹਸ਼ਾਂ ਉਸ ਦੇ (ਦਸਵੇਂ) ਦਰਵਾਜ਼ੇ ਨੂੰ ਬੰਦ ਕਰ ਦੇਂਦੀਆਂ ਹਨ,

51243	1187	ਨਾਮ ਬਿਨਾ ਸੂਨਾ ਘਰੁ ਬਾਰੁ॥੬॥		Naam Binaa Soonaa Ghar Baar ||6||	Without the Naam, one's hearth and home are deserted. ||6||	ਪਰਮਾਤਮਾ ਦੇ ਨਾਮ ਤੋਂ ਬਿਨਾ ਉਸ ਦਾ ਹਿਰਦਾ-ਘਰ ਸੁੰਞਾ ਹੀ ਰਹਿੰਦਾ ਹੈ ॥੬॥
51244	1187	ਗਾਛਹੁ ਪੁਤ੍ਰੀ ਰਾਜ ਕੁਆਰਿ॥		Gaashhahu Puthree Raaj Kuaar ||	O princess, my daughter, run away from this place!	ਹੇ ਜਿੰਦੇ! ਉੱਠ ਉੱਦਮ ਕਰ, ਤੂੰ ਸਾਰੇ ਜਗਤ ਦੇ ਰਾਜੇ-ਪ੍ਰਭੂ ਦੀ ਅੰਸ ਹੈਂ, ਤੂੰ ਰਾਜ-ਪੁਤ੍ਰੀ ਹੈਂ, ਤੂੰ ਰਾਜ-ਕੁਮਾਰੀ ਹੈਂ,
51245	1187	ਨਾਮੁ ਭਣਹੁ ਸਚੁ ਦੋਤੁ ਸਵਾਰਿ॥	ਕੋਟਿ (ਦੋਤੁ) ਪ੍ਰਕਾਸ਼ ਸਰੂਪ ਸੱਚੇ ਨਾਮੁ ਜੀ ਨੂੰ (ਭਣਹੁ) ਉਚਾਰੋ, ਬਿਗੜੇ ਜਨਮ ਨੂੰ ਸਵਾਰਿ ਕੇ ਗੁਰਮੁਖਿ ਬਣਾ ਦੇਵੇਗਾ	Naam Bhanahu Sach Dhoth Savaar ||	Chant the True Name, and embellish your days.	ਅੰਮ੍ਰਿਤ ਵੇਲੇ ਦੀ ਸੰਭਾਲ ਕਰ ਕੇ ਨਿਤ ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦਾ ਨਾਮ ਸਿਮਰ।
51246	1187	ਪ੍ਰਿਉ ਸੇਵਹੁ ਪ੍ਰਭ ਪ੍ਰੇਮ ਅਧਾਰਿ॥		Prio Saevahu Prabh Praem Adhhaar ||	Serve your Beloved Lord God, and lean on the Support of His Love.	ਪ੍ਰਭੂ ਦੇ ਪ੍ਰੇਮ ਦੇ ਆਸਰੇ ਰਹਿ ਕੇ ਉਸ ਪ੍ਰੀਤਮ ਦੀ ਸੇਵਾ-ਭਗਤੀ ਕਰ,
51247	1187	ਗੁਰ ਸਬਦੀ ਬਿਖੁ ਤਿਆਸ ਨਿਵਾਰਿ॥੭॥		Gur Sabadhee Bikh Thiaas Nivaar ||7||	Through the Word of the Guru's Shabad, abandon your thirst for corruption and poison. ||7||	ਤੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਮਾਇਆ ਦੀ ਤ੍ਰਿਸ਼ਨਾ ਨੂੰ ਦੂਰ ਕਰ ਇਹ ਤ੍ਰਿਸ਼ਨਾ ਜ਼ਹਰ ਹੈ ਜੋ ਤੇਰੇ ਆਤਮਕ ਜੀਵਨ ਨੂੰ ਮਾਰ ਦੇਵੇਗੀ ॥੭॥
51248	1187	ਮੋਹਨਿ ਮੋਹਿ ਲੀਆ ਮਨੁ ਮੋਹਿ॥		Mohan Mohi Leeaa Man Mohi ||	My Fascinating Lord has fascinated my mind.	ਤੈਂ ਮੋਹਨ ਨੇ (ਆਪਣੇ ਕੌਤਕਾਂ ਨਾਲ) ਮੇਰਾ ਮਨ ਮੋਹ ਲਿਆ ਹੈ,

51249	1187	ਗੁਰ ਕੈ ਸਬਦਿ ਪਛਾਨਾ ਤੋਹਿ॥		Gur Kai Sabadh Pashhaanaa Thohi ||	Through the Word of the Guru's Shabad, I have realized You, Lord.	(ਮੇਹਰ ਕਰ ਤਾ ਕਿ) ਮੈਂ ਗੁਰੂ ਦੇ ਸ਼ਬਦ ਦੀ ਰਾਹੀਂ ਤੈਨੂੰ ਪਛਾਣ ਸਕਾਂ।
51250	1187	ਨਾਨਕ ਠਾਢੇ ਚਾਹਹਿ ਪ੍ਰਭੂ ਦੁਆਰਿ॥		Naanak Thaadtae Chaahehi Prabhoo Dhuaar ||	Nanak stands longingly at God's Door.	ਹੇ ਨਾਨਕ ਅਰਦਾਸ ਕਰਦਾ ਹੈ- ਹੇ ਪ੍ਰਭੂ! ਅਸੀਂ ਜੀਵ ਤੇਰੇ ਦਰ ਤੇ ਖਲੋਤੇ (ਬੇਨਤੀ ਕਰਦੇ ਹਾਂ),
51251	1187	ਤੇਰੇ ਨਾਮਿ ਸੰਤੋਖੇ ਕਿਰਪਾ ਧਾਰਿ॥੮॥੧॥		Thaerae Naam Santhokhae Kirapaa Dhhaar ||8||1||	I am content and satisfied with Your Name; please shower me with Your Mercy. ||8||1||	ਕਿਰਪਾ ਕਰ, ਤੇਰੇ ਨਾਮ ਵਿਚ ਜੁੜ ਕੇ ਅਸੀਂ ਸੰਤੋਖ ਧਾਰਨ ਕਰ ਸਕੀਏ ॥੮॥੧॥
51252	1187	ਬਸੰਤੁ ਮਹਲਾ ੧॥		Basanth Mehalaa 1 ||	Basant, First Mehl:	
51253	1187	ਮਨੁ ਭੂਲਉ ਭਰਮਸਿ ਆਇ ਜਾਇ॥	ਭੂ–ਲਉ	Man Bhoolo Bharamas Aae Jaae ||	The mind is deluded by doubt; it comes and goes in reincarnation.	(ਮਾਇਆ ਦੇ ਮੋਹ ਦੇ ਕਾਰਨ) ਕੁਰਾਹੇ ਪਿਆ ਹੋਇਆ ਮਨ ਭਟਕਦਾ ਹੈ (ਮਾਇਆ ਦੀ ਖ਼ਾਤਰ ਹੀ) ਦੌੜ-ਭੱਜ ਕਰਦਾ ਰਹਿੰਦਾ ਹੈ,
51254	1187	ਅਤਿ ਲੁਬਧ ਲੁਭਾਨਉ ਬਿਖਮ ਮਾਇ॥		Ath Lubadhh Lubhaano Bikham Maae ||	It is lured by the poisonous lure of Maya.	ਬੜਾ ਲਾਲਚੀ ਹੋਇਆ ਰਹਿੰਦਾ ਹੈ, ਉਸ ਮਾਇਆ ਦੇ ਲਾਲਚ ਵਿਚ ਫਸਿਆ ਰਹਿੰਦਾ ਹੈ, ਜਿਸ ਦੀ ਫਾਹੀ ਵਿਚੋਂ ਨਿਕਲਣਾ ਬਹੁਤ ਔਖਾ ਹੈ।

51255	1187	ਨਹ ਅਸਥਿਰੁ ਦੀਸੈ ਏਕ ਭਾਇ॥		Neh Asathhir Dheesai Eaek Bhaae ||	It does not remain stable in the Love of the One Lord.	(ਜਿਤਨਾ ਚਿਰ ਮਨ ਮਾਇਆ ਦੇ ਅਧੀਨ ਰਹਿੰਦਾ ਹੈ, ਤਦ ਤਕ) ਇਹ ਕਦੇ ਟਿਕਵੀਂ ਹਾਲਤ ਵਿਚ ਨਹੀਂ ਦਿੱਸਦਾ, ਇਕ ਪ੍ਰਭੂ ਦੇ ਪ੍ਰੇਮ ਵਿਚ (ਮਗਨ) ਨਹੀਂ ਦਿੱਸਦਾ।
51256	1187	ਜਿਉ ਮੀਨ ਕੁੰਡਲੀਆ ਕੰਠਿ ਪਾਇ॥੧॥		Jio Meen Kunddaleeaa Kanth Paae ||1||	Like the fish, its neck is pierced by the hook. ||1||	ਜਿਵੇਂ ਮੱਛੀ (ਭਿੱਤੀ ਦੇ ਲਾਲਚ ਵਿਚ) ਆਪਣੇ ਗਲ ਕੁੰਡੀ ਪਵਾ ਲੈਂਦੀ ਹੈ, (ਤਿਵੇਂ ਮਨ ਮਾਇਆ ਦੀ ਗ਼ੁਲਾਮੀ ਵਿਚ ਆਪਣੇ ਆਪ ਨੂੰ ਫਸਾ ਲੈਂਦਾ ਹੈ) ॥੧॥
51257	1187	ਮਨੁ ਭੂਲਉ ਸਮਝਸਿ ਸਾਚ ਨਾਇ॥		Man Bhoolo Samajhas Saach Naae ||	The deluded mind is instructed by the True Name.	(ਮਾਇਆ ਦੇ ਮੋਹ ਦੇ ਕਾਰਨ) ਕੁਰਾਹੇ ਪਿਆ ਮਨ ਸਦਾ-ਥਿਰ ਪ੍ਰਭੂ ਦੇ ਨਾਮ ਵਿਚ (ਜੁੜ ਕੇ ਹੀ) ਆਪਣੀ ਭੁੱਲ ਨੂੰ ਸਮਝਦਾ ਹੈ।
51258	1187	ਗੁਰ ਸਬਦੁ ਬੀਚਾਰੇ ਸਹਜ ਭਾਇ॥੧॥ਰਹਾਉ॥		Gur Sabadh Beechaarae Sehaj Bhaae ||1|| Rehaao ||	It contemplates the Word of the Guru's Shabad, with intuitive ease. ||1||Pause||	(ਜਦੋਂ ਮਨ) ਗੁਰੂ ਦੇ ਸ਼ਬਦ ਨੂੰ ਵਿਚਾਰਦਾ ਹੈ ਤਾਂ ਇਹ ਆਤਮਕ ਅਡੋਲਤਾ ਦੇ ਭਾਵ ਵਿਚ (ਟਿਕਦਾ ਹੈ) ॥੧॥ ਰਹਾਉ ॥
51259	1188	ਮਨੁ ਭੂਲਉ ਭਰਮਸਿ ਭਵਰ ਤਾਰ॥	(ਭਵਰ) ਭੋਰੇ। (ਤਾਰ) ਤਰ੍ਹਾਂ (ਦੂਜਾ ਪਾਠ: ਭਵਰਤਾਰ)	Man Bhoolo Bharamas Bhavar Thaar ||	The mind, deluded by doubt, buzzes around like a bumble bee.	(ਮਾਇਆ ਦੇ ਪ੍ਰਭਾਵ ਦੇ ਕਾਰਨ) ਕੁਰਾਹੇ ਪਿਆ ਹੋਇਆ ਮਨ ਭੌਰੇ ਵਾਂਗ ਭਟਕਦਾ ਹੈ,

51260	1188	ਬਿਲ ਬਿਰਥੇ ਚਾਹੈ ਬਹੁ ਬਿਕਾਰ॥		Bil Birathhae Chaahai Bahu Bikaar ||	The holes of the body are worthless, if the mind is filled with such great desire for corrupt passions.	ਮਨ ਇੰਦ੍ਰਿਆਂ ਦੀ ਰਾਹੀਂ ਬਹੁਤੇ ਵਿਅਰਥ ਵਿਕਾਰ ਕਰਨੇ ਚਾਹੁੰਦਾ ਹੈ,
51261	1188	ਮੈਗਲ ਜਿਉ ਫਾਸਸਿ ਕਾਮਹਾਰ॥	ਕਾਮ-ਹਾਰ	Maigal Jio Faasas Kaamehaar ||	It is like the elephant, trapped by its own sexual desire.	ਇਹ ਮਨ ਕਾਮਾਤੁਰ ਹਾਥੀ ਵਾਂਗ ਫਸਦਾ ਹੈ,
51262	1188	ਕੜਿ ਬੰਧਨਿ ਬਾਧਿਓ ਸੀਸ ਮਾਰ॥੨॥		Karr Bandhhan Baadhhiou Sees Maar ||2||	It is caught and held tight by the chains, and beaten on its head. ||2||	ਜੋ ਸੰਗਲ ਨਾਲ ਕੜ ਕੇ ਬੰਨ੍ਹਿਆ ਜਾਂਦਾ ਹੈ ਤੇ ਸਿਰ ਉਤੇ ਚੋਟਾਂ ਸਹਾਰਦਾ ਹੈ ॥੨॥
51263	1188	ਮਨੁ ਮੁਗਧੋ ਦਾਦਰੁ ਭਗਤਿ ਹੀਨੁ॥		Man Mugadhha Dhaadhar Bhagathiheen ||	The mind is like a foolish frog, without devotional worship.	ਮੂਰਖ ਮਨ ਭਗਤੀ ਤੋਂ ਵਾਂਜਿਆ ਰਹਿੰਦਾ ਹੈ, (ਇਹ ਮੂਰਖ ਮਨ, ਮਾਨੋ) ਡੱਡੂ ਹੈ (ਜੋ ਨੇੜੇ ਹੀ ਉੱਗੇ ਹੋਏ ਕੌਲ ਫੁੱਲ ਦੀ ਕਦਰ ਨਹੀਂ ਜਾਣਦਾ)।
51264	1188	ਦਰਿ ਭ੍ਰਸਟ ਸਰਾਪੀ ਨਾਮ ਬੀਨੁ॥		Dhar Bhrasatt Saraapee Naam Been ||	It is cursed and condemned in the Court of the Lord, without the Naam, the Name of the Lord.	(ਕੁਰਾਹੇ ਪਿਆ ਹੋਇਆ ਮਨ) ਪ੍ਰਭੂ ਦੇ ਦਰ ਤੋਂ ਡਿੱਗਿਆ ਹੋਇਆ ਹੈ, (ਮਾਨੋ) ਸਰਾਪਿਆ ਹੋਇਆ ਹੈ, ਪਰਮਾਤਮਾ ਦੇ ਨਾਮ ਤੋਂ ਸੱਖਣਾ ਹੈ।
51265	1188	ਤਾ ਕੈ ਜਾਤਿ ਨ ਪਾਤੀ ਨਾਮ ਲੀਨ॥		Thaa Kai Jaath N Paathee Naam Leen ||	He has no class or honor, and no one even mentions his name.	ਜੇਹੜਾ ਮਨੁੱਖ ਨਾਮ ਤੋਂ ਖ਼ਾਲੀ ਹੈ ਉਸ ਦੀ ਨਾਹ ਕੋਈ ਚੰਗੀ ਜਾਤਿ ਮੰਨੀ ਜਾਂਦੀ ਹੈ ਨਾਹ ਚੰਗੀ ਕੁਲ, ਕੋਈ ਉਸ ਦਾ ਨਾਮ ਤਕ ਨਹੀਂ ਲੈਂਦਾ,

51266	1188	ਸਭਿ ਦੂਖ ਸਖਾਈ ਗੁਣਹ ਬੀਨ॥੩॥		Sabh Dhookh Sakhaaee Guneh Been ||3||	That person who lacks virtue - all of his pains and sorrows are his only companions. ||3||	ਉਹ ਆਤਮਕ ਗੁਣਾਂ ਤੋਂ ਵਾਂਜਿਆ ਰਹਿੰਦਾ ਹੈ, ਸਾਰੇ ਦੁਖ ਹੀ ਦੁਖ ਉਸ ਦੇ ਸਾਥੀ ਬਣੇ ਰਹਿੰਦੇ ਹਨ ॥੩॥
51267	1188	ਮਨੁ ਚਲੈ ਨ ਜਾਈ ਠਾਕਿ ਰਾਖੁ॥		Man Chalai N Jaaee Thaak Raakh ||	His mind wanders out, and cannot be brought back or restrained.	ਇਹ ਮਨ ਚੰਚਲ ਹੈ, ਇਸ ਨੂੰ ਰੋਕ ਕੇ ਰੱਖ ਤਾਕਿ ਇਹ (ਵਿਕਾਰਾਂ ਦੇ ਪਿੱਛੇ) ਭਟਕਦਾ ਨਾਹ ਫਿਰੇ।
51268	1188	ਬਿਨੁ ਹਰਿ ਰਸ ਰਾਤੇ ਪਤਿ ਨ ਸਾਖੁ॥	ਪਤਿ:ਪੋਲਾ ਬੋਲੋ। (ਪਤਿ) ਇਜ਼ਤ। (ਸਾਖੁ) ਨੇਕੀ ਸਹਿਤ ਪ੍ਰਸਿੱਧੀ	Bin Har Ras Raathae Path N Saakh ||	Without being imbued with the sublime essence of the Lord, it has no honor or credit.	ਪਰਮਾਤਮਾ ਦੇ ਨਾਮ-ਰਸ ਵਿਚ ਰੰਗੇ ਜਾਣ ਤੋਂ ਬਿਨਾ ਨਾਹ ਕਿਤੇ ਇੱਜ਼ਤ ਮਿਲਦੀ ਹੈ ਨਾਹ ਕੋਈ ਇਤਬਾਰ ਕਰਦਾ ਹੈ।
51269	1188	ਤੂ ਆਪੇ ਸੁਰਤਾ ਆਪਿ ਰਾਖੁ॥		Thoo Aapae Surathaa Aap Raakh ||	You Yourself are the Listener, Lord, and You Yourself are our Protector.	(ਪ੍ਰਭੂ ਦੇ ਦਰ ਤੇ ਅਰਦਾਸ ਕਰ ਤੇ ਆਖ-ਹੇ ਪ੍ਰਭੂ!) ਤੂੰ ਆਪ ਹੀ (ਸਾਡੀਆਂ ਜੀਵਾਂ ਦੀਆਂ ਅਰਦਾਸਾਂ) ਸੁਣਨ ਵਾਲਾ ਹੈਂ, ਤੇ ਆਪ ਹੀ ਸਾਡਾ ਰਾਖਾ ਹੈਂ।
51270	1188	ਧਰਿ ਧਾਰਣ ਦੇਖੈ ਜਾਣੈ ਆਪਿ॥੪॥		Dhhar Dhhaaran Dhaekhai Jaanai Aap ||4||	You are the Support of the earth; You Yourself behold and understand it. ||4||	ਸ੍ਰਿਸ਼ਟੀ ਰਚ ਕੇ ਪਰਮਾਤਮਾ ਆਪ ਹੀ (ਇਸ ਦੀਆਂ ਲੋੜਾਂ ਭੀ) ਜਾਣਦਾ ਹੈ ॥੪॥
51271	1188	ਆਪਿ ਭੁਲਾਏ ਕਿਸੁ ਕਹਉ ਜਾਇ॥		Aap Bhulaaeae Kis Keho Jaae ||	When You Yourself make me wander, unto whom can I complain?	(ਹੇ ਮਾਂ!) ਮੈਂ ਪ੍ਰਭੂ ਤੋਂ ਬਿਨਾ ਹੋਰ ਕਿਸ ਨੂੰ ਜਾ ਕੇ ਆਖਾਂ? ਪ੍ਰਭੂ ਆਪ ਹੀ (ਜੀਵਾਂ ਨੂੰ) ਕੁਰਾਹੇ ਪਾਂਦਾ ਹੈ,

51272	1188	ਗੁਰੁ ਮੇਲੇ ਬਿਰਥਾ ਕਹਉ ਮਾਇ॥		Gur Maelae Birathhaa Keho Maae ||	Meeting the Guru, I will tell Him of my pain, O my mother.	ਹੇ ਮਾਂ! ਪ੍ਰਭੂ ਆਪ ਹੀ ਗੁਰੂ ਮਿਲਾਂਦਾ ਹੈ, ਸੋ, ਮੈਂ ਗੁਰੂ ਦੇ ਦਰ ਤੇ ਹੀ ਦਿਲ ਦਾ ਦੁੱਖ ਕਹਿ ਸਕਦਾ ਹਾਂ।
51273	1188	ਅਵਗਣ ਛੋਡਉ ਗੁਣ ਕਮਾਇ॥		Avagan Shhoddo Gun Kamaae ||	Abandoning my worthless demerits, now I practice virtue.	ਗੁਰੂ ਦੀ ਸਹੈਤਾ ਨਾਲ ਹੀ ਗੁਣ ਵਿਹਾਝ ਕੇ ਔਗੁਣ ਛੱਡ ਸਕਦਾ ਹਾਂ।
51274	1188	ਗੁਰ ਸਬਦੀ ਰਾਤਾ ਸਚਿ ਸਮਾਇ॥੫॥		Gur Sabadhee Raathaa Sach Samaae ||5||	Imbued with the Word of the Guru's Shabad, I am absorbed in the True Lord. ||5||	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਮਸਤ ਰਹਿੰਦਾ ਹੈ, ਉਹ ਉਸ ਸਦਾ-ਥਿਰ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦਾ ਹੈ ॥੫॥
51275	1188	ਸਤਿਗੁਰ ਮਿਲਿਐ ਮਤਿ ਊਤਮ ਹੋਇ॥		Sathigur Miliai Math Ootham Hoe ||	Meeting with the True Guru, the intellect is elevated and exalted.	ਜੇ ਗੁਰੂ ਮਿਲ ਪਏ ਤਾਂ (ਮਨੁੱਖ ਦੀ) ਮੱਤ ਸ੍ਰੇਸ਼ਟ ਹੋ ਜਾਂਦੀ ਹੈ,
51276	1188	ਮਨੁ ਨਿਰਮਲੁ ਹਉਮੈ ਕਢੈ ਧੋਇ॥		Man Niramal Houmai Kadtai Dhhoe ||	The mind becomes immaculate, and egotism is washed away.	ਮਨ ਪਵਿਤ੍ਰ ਹੋ ਜਾਂਦਾ ਹੈ, ਉਹ ਮਨੁੱਖ ਆਪਣੇ ਮਨ ਵਿਚੋਂ ਹਉਮੈ ਦੀ ਮੈਲ ਧੋ ਕੇ ਕੱਢ ਦੇਂਦਾ ਹੈ,
51277	1188	ਸਦਾ ਮੁਕਤੁ ਬੰਧਿ ਨ ਸਕੈ ਕੋਇ॥		Sadhaa Mukath Bandhh N Sakai Koe ||	He is liberated forever, and no one can put him in bondage.	ਉਹ ਵਿਕਾਰਾਂ ਤੋਂ ਸਦਾ ਬਚਿਆ ਰਹਿੰਦਾ ਹੈ, ਕੋਈ (ਵਿਕਾਰ) ਉਸ ਨੂੰ ਕਾਬੂ ਨਹੀਂ ਕਰ ਸਕਦਾ,
51278	1188	ਸਦਾ ਨਾਮੁ ਵਖਾਣੈ ਅਉਰੁ ਨ ਕੋਇ॥੬॥		Sadhaa Naam Vakhaanai Aour N Koe ||6||	He chants the Naam forever, and nothing else. ||6||	ਉਹ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਹੈ, ਕੋਈ ਹੋਰ (ਸ਼ੁਗ਼ਲ ਉਸ ਨੂੰ ਆਪਣੇ ਵਲ ਖਿੱਚ) ਨਹੀਂ ਪਾ ਸਕਦਾ ॥੬॥

51279	1188	ਮਨੁ ਹਰਿ ਕੈ ਭਾਣै ਆਵै ਜਾਇ॥		Man Har Kai Bhaanai Aavai Jaae ||	The mind comes and goes according to the Will of the Lord.	(ਪਰ ਜੀਵ ਦੇ ਕੀਹ ਵੱਸ? ਇਸ ਮਨ ਦੀ ਕੋਈ ਪੇਸ਼ ਨਹੀਂ ਜਾ ਸਕਦੀ) ਇਹ ਮਨ ਪਰਮਾਤਮਾ ਦੇ ਭਾਣੇ ਅਨੁਸਾਰ (ਮਾਇਆ ਦੇ ਮੋਹ ਵਿਚ) ਭਟਕਦਾ ਫਿਰਦਾ ਹੈ,
51280	1188	ਸਭ ਮਹਿ ਏਕੋ ਕਿਛੁ ਕਹਣੁ ਨ ਜਾਇ॥		Sabh Mehi Eaeko Kishh Kehan N Jaae ||	The One Lord is contained amongst all; nothing else can be said.	ਉਹ ਪ੍ਰਭੂ ਆਪ ਹੀ ਸਭ ਜੀਵਾਂ ਵਿਚ ਵੱਸਦਾ ਹੈ (ਉਸ ਦੀ ਰਜ਼ਾ ਦੇ ਉਲਟ) ਕੋਈ ਹੀਲ-ਹੁੱਜਤ ਕੀਤੀ ਨਹੀਂ ਜਾ ਸਕਦੀ।
51281	1188	ਸਭੁ ਹੁਕਮੋ ਵਰਤै ਹੁਕਮਿ ਸਮਾਇ॥		Sabh Hukamo Varathai Hukam Samaae ||	The Hukam of His Command pervades everywhere, and all merge in His Command.	ਹਰ ਥਾਂ ਪ੍ਰਭੂ ਦਾ ਹੁਕਮ ਹੀ ਚੱਲ ਰਿਹਾ ਹੈ, ਸਾਰੀ ਸ੍ਰਿਸ਼ਟੀ ਪ੍ਰਭੂ ਦੇ ਹੁਕਮ ਵਿਚ ਹੀ ਬੱਝੀ ਰਹਿੰਦੀ ਹੈ।
51282	1188	ਦੂਖ ਸੂਖ ਸਭ ਤਿਸੁ ਰਜਾਇ॥੭॥		Dhookh Sookh Sabh This Rajaae ||7||	Pain and pleasure all come by His Will. ||7||	(ਜੀਵਾਂ ਨੂੰ ਵਾਪਰਦੇ) ਸਾਰੇ ਦੁਖ ਤੇ ਸੁਖ ਉਸ ਪਰਮਾਤਮਾ ਦੀ ਰਜ਼ਾ ਅਨੁਸਾਰ ਹੀ ਹਨ ॥੭॥
51283	1188	ਤੂ ਅਭੁਲੁ ਨ ਭੂਲੋ ਕਦੇ ਨਾਹਿ॥	ਅ-ਭੁੱਲੁ ।ਭੂਲੋ: ਕਨੌੜਾ ਪੂਰਾ ਚਾੜ੍ਹ ਕੇ ਬੋਲੋ। (ਨਾਹਿ) ਪਤੀ ਪ੍ਰਮੇਸ਼ਰ ਜੀ	Thoo Abhul N Bhoola Kadhae Naahi ||	You are infallible; You never make mistakes.	ਹੇ ਪ੍ਰਭੂ! ਤੂੰ ਅਭੁੱਲ ਹੈਂ, ਗ਼ਲਤੀ ਨਹੀਂ ਕਰਦਾ, ਤੂੰ ਕਦੇ ਭੀ ਉਕਾਈ ਨਹੀਂ ਖਾਂਦਾ।

51284	1188	ਗੁਰ ਸਬਦੁ ਸੁਣਾਏ ਮਤਿ ਅਗਾਹਿ॥		Gur Sabadh Sunaaeae Math Agaahi ||	Those who listen to the Word of the Guru's Shabad - their intellects become deep and profound.	(ਤੇਰੀ ਰਜ਼ਾ ਅਨੁਸਾਰ) ਗੁਰੂ ਜਿਸ ਨੂੰ ਆਪਣਾ ਸ਼ਬਦ ਸੁਣਾਂਦਾ ਹੈ ਉਸ ਮਨੁੱਖ ਦੀ ਮੱਤ ਭੀ ਅਗਾਧ (ਡੂੰਘੀ) ਹੋ ਜਾਂਦੀ ਹੈ (ਭਾਵ, ਉਹ ਭੀ ਡੂੰਘੀ ਸਮਝ ਵਾਲਾ ਹੋ ਜਾਂਦਾ ਹੈ ਤੇ ਕੋਈ ਉਕਾਈ ਉਸ ਉਤੇ ਪ੍ਰਭਾਵ ਨਹੀਂ ਪਾ ਸਕਦੀ)।
51285	1188	ਤੂ ਮੋਟਉ ਠਾਕੁਰੁ ਸਬਦ ਮਾਹਿ॥		Thoo Motto Thaakur Sabadh Maahi ||	You, O my Great Lord and Master, are contained in the Shabad.	ਹੇ ਪ੍ਰਭੂ! ਤੂੰ ਵੱਡਾ (ਪਾਲਣਹਾਰ) ਮਾਲਕ ਹੈਂ ਤੇ ਗੁਰੂ ਦੇ ਸ਼ਬਦ ਵਿਚ ਵੱਸਦਾ ਹੈਂ (ਭਾਵ, ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ ਉਸ ਨੂੰ ਤੇਰਾ ਦਰਸਨ ਹੋ ਜਾਂਦਾ ਹੈ)।
51286	1188	ਮਨੁ ਨਾਨਕ ਮਾਨਿਆ ਸਚੁ ਸਲਾਹਿ॥੮॥੨॥		Man Naanak Maaniaa Sach Salaahi ||8||2||	O Nanak, my mind is pleased, praising the True Lord. ||8||2||	ਉਸ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰ ਕੇ ਨਾਨਕ ਦਾ ਮਨ (ਉਸ ਦੀ ਯਾਦ ਵਿਚ) ਗਿੱਝ ਗਿਆ ਹੈ ॥੮॥੨॥
51287	1188	ਬਸੰਤੁ ਮਹਲਾ ੧॥		Basanth Mehalaa 1 ||	Basant, First Mehl:	
51288	1188	ਦਰਸਨ ਕੀ ਪਿਆਸ ਜਿਸੁ ਨਰ ਹੋਇ॥		Dharasan Kee Piaas Jis Nar Hoe ||	That person, who thirsts for the Blessed Vision of the Lord's Darshan	ਜਿਸ ਮਨੁੱਖ ਨੂੰ ਪਰਮਾਤਮਾ ਦੇ ਦਰਸਨ ਦੀ ਤਾਂਘ ਹੁੰਦੀ ਹੈ,

51289	1188	ਏਕਤੁ ਰਾਚੈ ਪਰਹਰਿ ਦੋਇ॥		Eaekath Raachai Parehar Dhoe ||	Is absorbed in the One Lord, leaving duality behind.	ਉਹ ਪ੍ਰਭੂ ਤੋਂ ਬਿਨਾ ਹੋਰ ਆਸਰੇ ਦੀ ਝਾਕ ਛੱਡ ਕੇ ਇਕ ਪਰਮਾਤਮਾ ਦੇ ਨਾਮ ਵਿਚ ਹੀ ਮਸਤ ਰਹਿੰਦਾ ਹੈ।
51290	1188	ਦੂਰਿ ਦਰਦੁ ਮਥਿ ਅੰਮ੍ਰਿਤੁ ਖਾਇ॥	ਮਥਿ: ਪੋਲਾ ਬੋਲੋ	Dhoor Dharadh Mathh Anmrith Khaae ||	His pains are taken away, as he churns and drinks in the Ambrosial Nectar.	(ਜਿਵੇਂ ਦੁੱਧ ਰਿੜਕ ਕੇ, ਮੁੜ ਮੁੜ ਮਧਾਣੀ ਹਿਲਾ ਕੇ, ਮੱਖਣ ਕੱਢੀਦਾ ਹੈ, ਤਿਵੇਂ) ਉਹ ਮਨੁੱਖ ਮੁੜ ਮੁੜ ਸਿਮਰ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਚੱਖਦਾ ਹੈ, ਤੇ ਉਸ ਦਾ ਦੁੱਖ-ਕਲੇਸ਼ ਦੂਰ ਹੋ ਜਾਂਦਾ ਹੈ।
51291	1188	ਗੁਰਮੁਖਿ ਬੂਝੈ ਏਕ ਸਮਾਇ॥੧॥		Guramukh Boojhai Eaek Samaae ||1||	The Gurmukh understands, and merges in the One Lord. ||1||	ਗੁਰੂ ਦੀ ਸਰਨ ਪੈ ਕੇ ਉਹ (ਪਰਮਾਤਮਾ ਦੇ ਸਹੀ ਸਰੂਪ ਨੂੰ) ਸਮਝ ਲੈਂਦਾ ਹੈ, ਤੇ ਉਸ ਇਕ ਪ੍ਰਭੂ ਦੇ ਨਾਮ ਵਿਚ ਲੀਨ ਰਹਿੰਦਾ ਹੈ ॥੧॥
51292	1188	ਤੇਰੇ ਦਰਸਨ ਕਉ ਕੇਤੀ ਬਿਲਲਾਇ॥		Thaerae Dharasan Ko Kaethee Bilalaae ||	So many cry out for Your Darshan, Lord.	ਹੇ ਪ੍ਰਭੂ! ਬੇਅੰਤ ਲੁਕਾਈ ਤੇਰੇ ਦਰਸਨ ਵਾਸਤੇ ਤਰਲੇ ਲੈਂਦੀ ਹੈ,
51293	1188	ਵਿਰਲਾ ਕੋ ਚੀਨਸਿ ਗੁਰ ਸਬਦਿ ਮਿਲਾਇ॥੧॥ਰਹਾਉ ॥		Viralaa Ko Cheenas Gur Sabadh Milaae ||1|| Rehaao ||	How rare are those who realize the Word of the Guru's Shabad and merge with Him. ||1||Pause||	ਪਰ ਕੋਈ ਵਿਰਲਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ (ਤੇਰੇ ਸਰੂਪ ਨੂੰ) ਪਛਾਣਦਾ ਹੈ ॥੧॥ ਰਹਾਉ ॥

51294	1188	ਬੇਦ ਵਖਾਣਿ ਕਹਹਿ ਇਕੁ ਕਹੀਐ॥		Baedh Vakhaan Kehehi Eik Keheeai ||	The Vedas say that we should chant the Name of the One Lord.	ਵੇਦ ਆਦਿਕ ਧਰਮ-ਪੁਸਤਕ ਭੀ ਵਿਆਖਿਆ ਕਰ ਕੇ ਇਹੀ ਆਖਦੇ ਹਨ ਕਿ ਇਕ ਉਸ ਪਰਮਾਤਮਾ ਨੂੰ ਸਿਮਰਨਾ ਚਾਹੀਦਾ ਹੈ,
51295	1188	ਓਹੁ ਬੇਅੰਤੁ ਅੰਤੁ ਕਿਨਿ ਲਹੀਐ॥		Ouhu Baeanth Anth Kin Leheeai ||	He is endless; who can find His limits?	ਜੋ ਬੇਅੰਤ ਹੈ ਤੇ ਜਿਸ ਦਾ ਅੰਤ ਕਿਸੇ ਜੀਵ ਨੇ ਨਹੀਂ ਲੱਭਾ।
51296	1188	ਏਕੋ ਕਰਤਾ ਜਿਨਿ ਜਗੁ ਕੀਆ॥	ਜੱਗੁ	Eaeko Karathaa Jin Jag Keeaa ||	There is only One Creator, who created the world.	ਉਹ ਇਕ ਆਪ ਹੀ ਆਪ ਕਰਤਾਰ ਹੈ ਜਿਸ ਨੇ ਜਗਤ ਰਚਿਆ ਹੈ,
51297	1188	ਬਾਝੁ ਕਲਾ ਧਰਿ ਗਗਨੁ ਧਰੀਆ॥੨॥		Baajh Kalaa Dhhar Gagan Dhhareeaa ||2||	Without any pillars, He supports the earth and the sky. ||2||	ਜਿਸ ਨੇ ਕਿਸੇ ਦਿੱਸਦੇ ਸਹਾਰੇ ਤੋਂ ਬਿਨਾ ਹੀ ਧਰਤੀ ਤੇ ਆਕਾਸ਼ ਨੂੰ ਠਹਰਾਇਆ ਹੋਇਆ ਹੈ ॥੨॥
51298	1188	ਏਕੋ ਗਿਆਨੁ ਧਿਆਨੁ ਧੁਨਿ ਬਾਣੀ॥		Eaeko Giaan Dhhiaan Dhhun Baanee ||	Spiritual wisdom and meditation are contained in the melody of the Bani, the Word of the One Lord.	ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਲਗਨ ਹੀ ਅਸਲ ਗਿਆਨ ਹੈ ਤੇ ਅਸਲ ਧਿਆਨ (ਜੋੜਨਾ) ਹੈ।
51299	1188	ਏਕੁ ਨਿਰਾਲਮੁ ਅਕਥ ਕਹਾਣੀ॥	ਅ-ਕਥ: ਪੋਲਾ ਬੋਲੋ	Eaek Niraalam Akathh Kehaanee ||	The One Lord is Untouched and Unstained; His story is unspoken.	ਇਕ ਪਰਮਾਤਮਾ ਹੀ ਐਸਾ ਹੈ ਜਿਸ ਨੂੰ ਕਿਸੇ ਸਹਾਰੇ ਦੀ ਲੋੜ ਨਹੀਂ, ਉਸ ਅਕੱਥ ਪ੍ਰਭੂ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ[

51300	1188	ੲੇਕੋ ਸਬਦੁ ਸਚਾ ਨੀਸਾਣੁ॥		Eaeko Sabadh Sachaa Neesaan ||	The Shabad, the Word, is the Insignia of the One True Lord.	ਉਸ ਦੀ ਸਿਫ਼ਤ-ਸਾਲਾਹ ਦਾ ਸ਼ਬਦ ਹੀ (ਮਨੁੱਖ ਦੇ ਪਾਸ ਇਸ ਜੀਵਨ-ਪੰਧ ਵਿਚ) ਸੱਚਾ ਪਰਵਾਨਾ ਹੈ।
51301	1188	ਪੂਰੇ ਗੁਰ ਤੇ ਜਾਣੈ ਜਾਣੁ॥੩॥		Poorae Gur Thae Jaanai Jaan ||3||	Through the Perfect Guru, the Knowing Lord is known. ||3||	ਸਿਆਣਾ ਮਨੁੱਖ ਪੂਰੇ ਗੁਰੂ ਪਾਸੋਂ (ਇਹ) ਸਮਝ ਲੈਂਦਾ ਹੈ ॥੩॥
51302	1188	ੲੇਕੋ ਧਰਮੁ ਦ੍ਰਿੜੈ ਸਚੁ ਕੋਈ॥		Eaeko Dhharam Dhrirrai Sach Koee ||	There is only one religion of Dharma; let everyone grasp this truth.	ਜੇਹੜਾ ਕੋਈ ਮਨੁੱਖ ਆਪਣੇ ਹਿਰਦੇ ਵਿਚ ਇਹ ਨਿਸ਼ਚਾ ਬਿਠਾਂਦਾ ਹੈ ਕਿ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨਾ ਹੀ ਇਕੋ ਇਕ ਠੀਕ ਧਰਮ ਹੈ,
51303	1188	ਗੁਰਮਤਿ ਪੂਰਾ ਜੁਗਿ ਜੁਗਿ ਸੋਈ॥		Guramath Pooraa Jug Jug Soee ||	Through the Guru's Teachings, one becomes perfect, all the ages through.	ਉਹੀ ਗੁਰੂ ਦੀ ਮੱਤ ਦਾ ਆਸਰਾ ਲੈ ਕੇ ਸਦਾ ਲਈ (ਵਿਕਾਰਾਂ ਦੇ ਟਾਕਰੇ ਤੇ) ਅਡੋਲ ਹੋ ਜਾਂਦਾ ਹੈ;
51304	1188	ਅਨਹਦਿ ਰਾਤਾ ੲੇਕ ਲਿਵ ਤਾਰ॥		Anehadh Raathaa Eaek Liv Thaar ||	Imbued with the Unmanifest Celestial Lord, and lovingly absorbed in the One,	ਉਹ ਮਨੁੱਖ ਇਕ-ਤਾਰ ਸੁਰਤ ਜੋੜ ਕੇ ਅਬਿਨਾਸੀ ਪ੍ਰਭੂ ਵਿਚ ਮਸਤ ਰਹਿੰਦਾ ਹੈ,
51305	1188	ਓਹੁ ਗੁਰਮੁਖਿ ਪਾਵੈ ਅਲਖ ਅਪਾਰ॥੪॥	ਅ-ਲਖ	Ouhu Guramukh Paavai Alakh Apaar ||4||	The Gurmukh attains the invisible and infinite. ||4||	ਗੁਰੂ ਦੀ ਸਰਨ ਪੈ ਕੇ ਉਹ ਮਨੁੱਖ ਅਦ੍ਰਿਸ਼ਟ ਤੇ ਬੇਅੰਤ ਪ੍ਰਭੂ ਦਾ ਦਰਸਨ ਕਰ ਲੈਂਦਾ ਹੈ ॥੪॥

51306	1188	ਏਕੋ ਤਖਤੁ ਏਕੋ ਪਾਤਿਸਾਹੁ॥		Eaeko Thakhath Eaeko Paathisaahu ||	There is one celestial throne, and One Supreme King.	(ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ ਉਸ ਨੂੰ ਯਕੀਨ ਬਣ ਜਾਂਦਾ ਹੈ ਕਿ ਸਾਰੇ ਜਗਤ ਦਾ ਮਾਲਕ ਪਰਮਾਤਮਾ ਹੀ ਸਦਾ-ਥਿਰ) ਇਕੋ ਇਕ ਪਾਤਿਸ਼ਾਹ ਹੈ (ਤੇ ਉਸੇ ਦਾ ਹੀ ਸਦਾ-ਥਿਰ ਰਹਿਣ ਵਾਲਾ) ਇਕੋ ਇਕ ਤਖ਼ਤ ਹੈ।
51307	1188	ਸਰਬੀ ਥਾਈ ਵੇਪਰਵਾਹੁ॥	ਸਰਬੀਂ। ਥਾਈਂ	Sarabee Thhaaee Vaeparavaahu ||	The Independent Lord God is pervading all places.	ਉਹ ਪਾਤਿਸ਼ਾਹ ਸਭ ਥਾਵਾਂ ਵਿਚ ਵਿਆਪਕ ਹੈ (ਸਾਰੇ ਜਗਤ ਦੀ ਕਾਰ ਚਲਾਂਦਾ ਹੋਇਆ ਭੀ ਉਹ ਸਦਾ) ਬੇ-ਫ਼ਿਕਰ ਰਹਿੰਦਾ ਹੈ।
51308	1188	ਤਿਸ ਕਾ ਕੀਆ ਤ੍ਰਿਭਵਣ ਸਾਰੁ॥		This Kaa Keeaa Thribhavan Saar ||	The three worlds are the creation of that Sublime Lord.	ਸਾਰਾ ਜਗਤ ਉਸੇ ਪ੍ਰਭੂ ਦਾ ਬਣਾਇਆ ਹੋਇਆ ਹੈ, ਉਹੀ ਤਿੰਨਾਂ ਭਵਨਾਂ ਦਾ ਮੂਲ ਹੈ,
51309	1188	ਓਹੁ ਅਗਮੁ ਅਗੋਚਰੁ ਏਕੰਕਾਰੁ॥੫॥		Ouhu Agam Agochar Eaekankaar ||5||	The One Creator of the Creation is Unfathomable and Incomprehensible. ||5||	ਪਰ ਉਹ ਅਪਹੁੰਚ ਹੈ, ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਉਸ ਤਕ ਪਹੁੰਚ ਨਹੀਂ ਹੋ ਸਕਦੀ, (ਹਰ ਥਾਂ) ਉਹ ਆਪ ਹੀ ਆਪ ਹੈ ॥੫॥
51310	1188	ਏਕਾ ਮੂਰਤਿ ਸਾਚਾ ਨਾਉ॥		Eaekaa Moorath Saachaa Naao ||	His Form is One, and True is His Name.	(ਇਹ ਸਾਰਾ ਸੰਸਾਰ ਉਸੇ) ਇਕ ਪਰਮਾਤਮਾ ਦਾ ਸਰੂਪ ਹੈ, ਉਸ ਦਾ ਨਾਮ ਸਦਾ-ਥਿਰ ਰਹਿਣ ਵਾਲਾ ਹੈ,
51311	1188	ਤਿਥੈ ਨਿਬੜੈ ਸਾਚੁ ਨਿਆਉ॥		Thithhai Nibarrai Saach Niaao ||	True justice is administered there.	ਉਸ ਦੀ ਦਰਗਾਹ ਵਿਚ ਸਦਾ ਸਦਾ-ਥਿਰ ਨਿਆਂ ਹੀ ਚੱਲਦਾ ਹੈ।

51312	1188	ਸਾਚੀ ਕਰਣੀ ਪਤਿ ਪਰਵਾਣੁ॥		Saachee Karanee Path Paravaan ||	Those who practice Truth are honored and accepted.	ਜਿਸ ਮਨੁੱਖ ਨੇ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਨੂੰ ਆਪਣਾ ਕਰਤੱਵ ਬਣਾਇਆ ਹੈ,
51313	1188	ਸਾਚੀ ਦਰਗਹ ਪਾਵੈ ਮਾਣੁ॥੬॥		Saachee Dharageh Paavai Maan ||6||	They are honored in the Court of the True Lord. ||6||	ਉਸ ਨੂੰ ਸੱਚੀ ਦਰਗਾਹ ਵਿਚ ਇੱਜ਼ਤ ਮਿਲਦੀ ਹੈ ਮਾਣ ਮਿਲਦਾ ਹੈ, ਦਰਗਾਹ ਵਿਚ ਉਹ ਕਬੂਲ ਹੁੰਦਾ ਹੈ ॥੬॥
51314	1188	ਏਕਾ ਭਗਤਿ ਏਕੋ ਹੈ ਭਾਉ॥		Eaekaa Bhagath Eaeko Hai Bhaao ||	Devotional worship of the One Lord is the expression of love for the One Lord.	(ਜੇਹੜਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ ਉਸ ਨੂੰ ਨਿਸ਼ਚਾ ਆ ਜਾਂਦਾ ਹੈ ਕਿ) ਪਰਮਾਤਮਾ ਦੀ ਭਗਤੀ ਪਰਮਾਤਮਾ ਨਾਲ ਪਿਆਰ ਹੀ ਇਕੋ ਇਕ ਸਹੀ ਜੀਵਨ-ਰਾਹ ਹੈ।
51315	1188	ਬਿਨੁ ਭੈ ਭਗਤੀ ਆਵਉ ਜਾਉ॥		Bin Bhai Bhagathee Aavo Jaao ||	Without the Fear of God and devotional worship of Him, the mortal comes and goes in reincarnation.	ਜੇਹੜਾ ਮਨੁੱਖ ਭਗਤੀ ਤੋਂ ਸੱਖਣਾ ਹੈ ਪ੍ਰਭੂ ਦੇ ਡਰ-ਅਦਬ ਤੋਂ ਖ਼ਾਲੀ ਹੈ ਉਸ ਨੂੰ ਜੰਮਣ ਮਰਨ ਦਾ ਗੇੜ ਮਿਲਿਆ ਰਹਿੰਦਾ ਹੈ।
51316	1188	ਗੁਰ ਤੇ ਸਮਝਿ ਰਹੈ ਮਿਹਮਾਣੁ॥		Gur Thae Samajh Rehai Mihamaan ||	One who obtains this understanding from the Guru dwells like an honored guest in this world.	ਜੇਹੜਾ ਮਨੁੱਖ ਗੁਰੂ ਪਾਸੋਂ ਸਿੱਖਿਆ ਲੈ ਕੇ (ਜਗਤ ਵਿਚ) ਪ੍ਰਾਹੁਣਾ (ਬਣ ਕੇ) ਜੀਉਂਦਾ ਹੈ,

51317	1189	ਹਰਿ ਰਸਿ ਰਾਤਾ ਜਨੁ ਪਰਵਾਣੁ॥੭॥		Har Ras Raathaa Jan Paravaan ||7||	That humble being who is imbued with the sublime essence of the Lord is certified and approved. ||7||	ਤੇ ਪਰਮਾਤਮਾ ਦੇ ਨਾਮ-ਰਸ ਵਿਚ ਮਸਤ ਰਹਿੰਦਾ ਹੈ ਉਹ ਮਨੁੱਖ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਹੁੰਦਾ ਹੈ ॥੭॥
51318	1189	ਇਤ ਉਤ ਦੇਖਉ ਸਹਜੇ ਰਾਵਉ॥		Eith Outh Dhaekho Sehajae Raavo ||	I see Him here and there; I dwell on Him intuitively.	ਹੇ ਠਾਕੁਰ! ਮੈਂ (ਗੁਰੂ ਦੀ ਕਿਰਪਾ ਨਾਲ) ਏਧਰ ਓਧਰ (ਹਰ ਥਾਂ) ਤੈਨੂੰ ਹੀ (ਵਿਆਪਕ) ਵੇਖਦਾ ਹਾਂ ਤੇ ਆਤਮਕ ਅਡੋਲਤਾ ਵਿਚ ਟਿਕ ਕੇ ਤੈਨੂੰ ਸਿਮਰਦਾ ਹਾਂ,
51319	1189	ਤੁਝ ਬਿਨੁ ਠਾਕੁਰ ਕਿਸੈ ਨ ਭਾਵਉ॥		Thujh Bin Thaakur Kisai N Bhaavo ||	I do not love any other than You, O Lord and Master.	ਤੈਥੋਂ ਬਿਨਾ ਮੈਂ ਕਿਸੇ ਹੋਰ ਨਾਲ ਪ੍ਰੀਤ ਨਹੀਂ ਜੋੜਦਾ।
51320	1189	ਨਾਨਕ ਹਉਮੈ ਸਬਦਿ ਜਲਾਇਆ॥		Naanak Houmai Sabadh Jalaaeiaa ||	O Nanak, my ego has been burnt away by the Word of the Shabad.	ਹੇ ਨਾਨਕ! ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਣੀ ਹਉਮੈ ਸਾੜ ਲਈ ਹੈ,
51321	1189	ਸਤਿਗੁਰਿ ਸਾਚਾ ਦਰਸੁ ਦਿਖਾਇਆ॥੮॥੩॥		Sathigur Saachaa Dharas Dhikhaaeiaa ||8||3||	The True Guru has shown me the Blessed Vision of the True Lord. ||8||3||	ਗੁਰੂ ਨੇ ਉਸ ਨੂੰ ਪ੍ਰਭੂ ਦਾ ਸਦਾ ਲਈ ਟਿਕੇ ਰਹਿਣ ਵਾਲਾ ਦਰਸਨ ਕਰਾ ਦਿੱਤਾ ਹੈ ॥੮॥੩॥
51322	1189	ਬਸੰਤੁ ਮਹਲਾ ੧॥		Basanth Mehalaa 1 ||	Basant, First Mehl:	

51323	1189	ਚੰਚਲੁ ਚੀਤੁ ਨ ਪਾਵੈ ਪਾਰਾ॥		Chanchal Cheeth N Paavai Paaraa ||	The fickle consciousness cannot find the Lord's limits.	ਹੇ ਕਰਤਾਰ! (ਮਾਇਆ ਦੇ ਮੋਹ ਵਿਚ ਫਸ ਕੇ) ਚੰਚਲ (ਹੋ ਚੁਕਿਆ) ਮਨ (ਆਪਣੇ ਉੱਦਮ ਨਾਲ) ਚੰਚਲਤਾ ਵਿਚੋਂ ਨਿਕਲ ਨਹੀਂ ਸਕਦਾ,
51324	1189	ਆਵਤ ਜਾਤ ਨ ਲਾਗੈ ਬਾਰਾ॥		Aavath Jaath N Laagai Baaraa ||	It is caught in non-stop coming and going.	(ਹਰ ਵੇਲੇ) ਭਟਕਦਾ ਫਿਰਦਾ ਹੈ, ਰਤਾ ਭੀ ਚਿਰ ਨਹੀਂ ਲੱਗਦਾ (ਭਾਵ, ਰਤਾ ਭਰ ਭੀ ਟਿਕਦਾ ਨਹੀਂ।
51325	1189	ਦੂਖੁ ਘਣੋ ਮਰੀਐ ਕਰਤਾਰਾ॥		Dhookh Ghano Mareeai Karathaaraa ||	I am suffering and dying, O my Creator.	ਇਸ ਦਾ ਸਿੱਟਾ ਇਹ ਨਿਕਲਦਾ ਹੈ ਕਿ ਮਨੁੱਖ ਨੂੰ) ਬਹੁਤ ਦੁੱਖ ਸਹਾਰਨਾ ਪੈਂਦਾ ਹੈ, ਤੇ ਆਤਮਕ ਮੌਤ ਹੋ ਜਾਂਦੀ ਹੈ।
51326	1189	ਬਿਨੁ ਪ੍ਰੀਤਮ ਕੋ ਕਰੈ ਨ ਸਾਰਾ॥੧॥		Bin Preetham Ko Karai N Saaraa ||1||	No one cares for me, except my Beloved. ||1||	(ਇਸ ਬਿਪਤਾ ਵਿਚੋਂ) ਪ੍ਰੀਤਮ-ਪ੍ਰਭੂ ਤੋਂ ਬਿਨਾ ਹੋਰ ਕੋਈ ਧਿਰ ਮਦਦ ਭੀ ਨਹੀਂ ਕਰ ਸਕਦਾ ॥੧॥
51327	1189	ਸਭ ਊਤਮ ਕਿਸੁ ਆਖਉ ਹੀਨਾ॥		Sabh Ootham Kis Aakho Heenaa ||	All are high and exalted; how can I call anyone low?	ਸਾਰੀ ਲੁਕਾਈ ਚੰਗੀ ਹੈ, (ਕਿਉਂਕਿ ਸਭ ਵਿਚ ਪਰਮਾਤਮਾ ਆਪ ਮੌਜੂਦ ਹੈ) ਮੈਂ ਕਿਸੇ ਨੂੰ ਮਾੜਾ ਨਹੀਂ ਆਖ ਸਕਦਾ।

51328	1189	ਹਰਿ ਭਗਤੀ ਸਚਿ ਨਾਮਿ ਪਤੀਨਾ॥੧॥ਰਹਾਉ॥		Har Bhagathee Sach Naam Patheenaa ||1|| Rehaao ||	Devotional worship of the Lord and the True Name has satisfied me. ||1||Pause||	(ਪਰ ਅਸਲ ਵਿਚ ਉਹੀ ਮਨੁੱਖ ਚੰਗਿਆਈ ਪ੍ਰਾਪਤ ਕਰਦਾ ਹੈ, ਜਿਸ ਦਾ ਮਨ) ਪਰਮਾਤਮਾ ਦੀ ਭਗਤੀ ਵਿਚ (ਜੁੜਦਾ ਹੈ) ਪ੍ਰਭੂ ਦੇ ਸਦਾ-ਥਿਰ ਨਾਮ ਵਿਚ (ਜੁੜ ਕੇ) ਖ਼ੁਸ ਹੁੰਦਾ ਹੈ ॥੧॥ ਰਹਾਉ ॥
51329	1189	ਅਉਖਧ ਕਰਿ ਥਾਕੀ ਬਹੁਤੇਰੇ॥		Aoukhadhh Kar Thhaakee Bahuthaerae ||	I have taken all sorts of medicines; I am so tired of them.	(ਮਨ ਨੂੰ ਚੰਚਲਤਾ ਦੇ ਰੋਗ ਤੋਂ ਬਚਾਣ ਲਈ) ਮੈਂ ਅਨੇਕਾਂ ਦਵਾਈਆਂ (ਭਾਵ, ਉੱਦਮ) ਕਰ ਕੇ ਹਾਰ ਗਈ ਹਾਂ,
51330	1189	ਕਿਉ ਦੁਖੁ ਚੂਕੈ ਬਿਨੁ ਗੁਰ ਮੇਰੇ॥		Kio Dhukh Chookai Bin Gur Maerae ||	How can this disease be cured, without my Guru?	ਪਰ ਪਿਆਰੇ ਗੁਰੂ (ਦੀ ਸਹੈਤਾ) ਤੋਂ ਬਿਨਾ ਇਹ ਦੁੱਖ ਦੂਰ ਨਹੀਂ ਹੁੰਦਾ।
51331	1189	ਬਿਨੁ ਹਰਿ ਭਗਤੀ ਦੂਖ ਘਣੇਰੇ॥		Bin Har Bhagathee Dhookh Ghanaerae ||	Without devotional worship of the Lord, the pain is so great.	ਪਰਮਾਤਮਾ ਦੀ ਭਗਤੀ ਤੋਂ ਬਿਨਾ (ਮਨ ਨੂੰ) ਅਨੇਕਾਂ ਹੀ ਦੁੱਖ ਆ ਘੇਰਦੇ ਹਨ।
51332	1189	ਦੁਖ ਸੁਖ ਦਾਤੇ ਠਾਕੁਰ ਮੇਰੇ॥੨॥		Dhukh Sukh Dhaathae Thaakur Maerae ||2||	My Lord and Master is the Giver of pain and pleasure. ||2||	ਦੁੱਖ ਭੀ ਤੇ ਸੁਖ ਭੀ ਦੇਣ ਵਾਲੇ ਹੇ ਮੇਰੇ ਪਾਲਣਹਾਰ ਪ੍ਰਭੂ! (ਤੇਰੇ ਬਿਨਾ ਮੇਰਾ ਹੋਰ ਕੋਈ ਆਸਰਾ ਨਹੀਂ) ॥੨॥
51333	1189	ਰੋਗੁ ਵਡੋ ਕਿਉ ਬਾਂਧਉ ਧੀਰਾ॥		Rog Vaddo Kio Baandhho Dhheeraa ||	The disease is so deadly; how can I find the courage?	(ਚੰਚਲਤਾ ਦਾ ਇਹ) ਰੋਗ ਬਹੁਤ ਵੱਡਾ ਹੈ (ਇਸ ਦੇ ਹੁੰਦਿਆਂ) ਮੈਨੂੰ ਆਤਮਕ ਸ਼ਾਂਤੀ ਨਹੀਂ ਮਿਲਦੀ।

51334	1189	ਰੋਗੁ ਬੁਝੈ ਸੋ ਕਾਟੈ ਪੀਰਾ॥		Rog Bujhai So Kaattai Peeraa ||	He knows my disease, and only He can take away the pain.	(ਮੇਰੇ ਇਸ) ਰੋਗ ਨੂੰ ਗੁਰੂ ਹੀ ਸਮਝ ਸਕਦਾ ਹੈ ਤੇ ਉਹੀ ਮੇਰਾ ਦੁੱਖ ਕੱਟ ਸਕਦਾ ਹੈ।
51335	1189	ਮੈ ਅਵਗਣ ਮਨ ਮਾਹਿ ਸਰੀਰਾ॥		Mai Avagan Man Maahi Sareeraa ||	My mind and body are filled with faults and demerits.	(ਇਸ ਰੋਗ ਦੇ ਕਾਰਨ) ਮੇਰੇ ਮਨ ਵਿਚ ਮੇਰੇ ਸਰੀਰ ਵਿਚ ਔਗੁਣ ਹੀ ਔਗੁਣ ਵਧ ਰਹੇ ਹਨ।
51336	1189	ਢੂਢਤ ਖੋਜਤ ਗੁਰਿ ਮੇਲੇ ਬੀਰਾ॥੩॥		Dtoodtath Khojath Gur Maelae Beeraa ||3||	I searched and searched, and found the Guru, O my brother! ||3||	ਢੂੰਢਦਿਆਂ ਤੇ ਭਾਲ ਕਰਦਿਆਂ (ਆਖ਼ਿਰ) ਗੁਰੂ ਨੇ ਮੈਨੂੰ ਸਾਧ ਸੰਗਤ ਮਿਲਾ ਦਿੱਤੀ ॥੩॥
51337	1189	ਗੁਰ ਕਾ ਸਬਦੁ ਦਾਰੂ ਹਰਿ ਨਾਉ॥		Gur Kaa Sabadh Dhaaroo Har Naao ||	The Word of the Guru's Shabad, and the Lord's Name are the cures.	(ਚੰਚਲਤਾ ਦੇ ਰੋਗ ਦੀ) ਦਵਾਈ ਗੁਰੂ ਦਾ ਸ਼ਬਦ (ਹੀ) ਹੈ ਪਰਮਾਤਮਾ ਦਾ ਨਾਮ (ਹੀ) ਹੈ।
51338	1189	ਜਿਉ ਤੂ ਰਾਖਹਿ ਤਿਵੈ ਰਹਾਉ॥		Jio Thoo Raakhehi Thivai Rehaao ||	As You keep me, so do I remain.	(ਹੇ ਪ੍ਰਭੂ!) ਜਿਵੇਂ ਤੂੰ ਰੱਖੇਂ ਮੈਂ ਉਸੇ ਤਰ੍ਹਾਂ ਹੀ ਰਹਿ ਸਕਦਾ ਹਾਂ (ਭਾਵ, ਮੈਂ ਉਸੇ ਜੀਵਨ-ਪੰਧ ਤੇ ਤੁਰ ਸਕਦਾ ਹਾਂ। ਮੇਹਰ ਕਰ, ਮੈਨੂੰ ਗੁਰੂ ਦੇ ਸ਼ਬਦ ਵਿਚ ਆਪਣੇ ਨਾਮ ਵਿਚ ਜੋੜੀ ਰੱਖ)।
51339	1189	ਜਗੁ ਰੋਗੀ ਕਹ ਦੇਖਿ ਦਿਖਾਉ॥		Jag Rogee Keh Dhaekh Dhikhaao ||	The world is sick; where should I look?	ਜਗਤ (ਆਪ ਹੀ) ਰੋਗੀ ਹੈ, ਮੈਂ ਕਿਸ ਨੂੰ ਲੱਭ ਕੇ ਆਪਣਾ ਰੋਗ ਦੱਸਾਂ?

51340	1189	ਹਰਿ ਨਿਰਮਾਇਲੁ ਨਿਰਮਲੁ ਨਾਉ॥੪॥		Har Niramaaeil Niramal Naao ||4||	The Lord is Pure and Immaculate; Immaculate is His Name. ||4||	ਇਕ ਪਰਮਾਤਮਾ ਹੀ ਪਵਿਤ੍ਰ ਹੈ, ਪਰਮਾਤਮਾ ਦਾ ਨਾਮ ਹੀ ਪਵਿਤ੍ਰ ਹੈ (ਗੁਰੂ ਦੀ ਸਰਨ ਪੈ ਕੇ ਇਹ ਹਰੀ-ਨਾਮ ਹੀ ਵਿਹਾਝਣਾ ਚਾਹੀਦਾ ਹੈ) ॥੪॥
51341	1189	ਘਰ ਮਹਿ ਘਰੁ ਜੋ ਦੇਖਿ ਦਿਖਾਵੈ॥		Ghar Mehi Ghar Jo Dhaekh Dhikhaavai ||	The Guru sees and reveals the Lord's home, deep within the home of the self;	ਜੇਹੜਾ ਗੁਰੂ (ਭਾਵ, ਗੁਰੂ ਹੀ) (ਆਪਣੇ) ਹਿਰਦੇ ਵਿਚ ਪਰਮਾਤਮਾ ਦਾ ਨਿਵਾਸ ਵੇਖ ਕੇ ਹੋਰਨਾਂ ਨੂੰ ਵਿਖਾ ਸਕਦਾ ਹੈ,
51342	1189	ਗੁਰ ਮਹਲੀ ਸੋ ਮਹਲਿ ਬੁਲਾਵੈ॥	(ਮਹਲੀ) ਗੁਰਸੇਵਕ। ਮਹਲੀ: ਬਿੰਦੀ ਨ ਲਾਉ	Gur Mehalee So Mehal Bulaavai ||	He ushers the soul-bride into the Mansion of the Lord's Presence.	ਸਭ ਤੋਂ ਉੱਚੇ ਮਹਲ ਦਾ ਵਾਸੀ ਉਹ ਗੁਰੂ ਹੀ ਜੀਵ ਨੂੰ ਪਰਮਾਤਮਾ ਦੀ ਹਜ਼ੂਰੀ ਵਿਚ ਸੱਦ ਸਕਦਾ ਹੈ (ਤੇ ਟਿਕਾ ਸਕਦਾ ਹੈ।) ਜਿਨ੍ਹਾਂ ਬੰਦਿਆਂ ਨੂੰ ਗੁਰੂ ਪ੍ਰਭੂ ਦੀ ਹਜ਼ੂਰੀ ਵਿਚ ਅਪੜਾਂਦਾ ਹੈ,
51343	1189	ਮਨ ਮਹਿ ਮਨੂਆ ਚਿਤ ਮਹਿ ਚੀਤਾ॥		Man Mehi Manooaa Chith Mehi Cheethaa ||	When the mind remains in the mind, and the consciousness in the consciousness,	ਉਹਨਾਂ ਦੇ ਮਨ ਉਹਨਾਂ ਦੇ ਚਿੱਤ (ਬਾਹਰ ਭਟਕਣੋਂ ਹਟ ਕੇ) ਅੰਦਰ ਹੀ ਟਿਕ ਜਾਂਦੇ ਹਨ,
51344	1189	ਐਸੇ ਹਰਿ ਕੇ ਲੋਗ ਅਤੀਤਾ॥੫॥		Aisae Har Kae Log Atheethaa ||5||	Such people of the Lord remain unattached. ||5||	ਤੇ ਇਸ ਤਰ੍ਹਾਂ ਪਰਮਾਤਮਾ ਦੇ ਸੇਵਕ (ਮਾਇਆ ਦੇ ਮੋਹ ਤੋਂ) ਨਿਰਲੇਪ ਹੋ ਜਾਂਦੇ ਹਨ ॥੫॥
51345	1189	ਹਰਖ ਸੋਗ ਤੇ ਰਹਹਿ ਨਿਰਾਸਾ॥		Harakh Sog Thae Rehehi Niraasaa ||	They remain free of any desire for happiness or sorrow;	(ਨਿਰਲੇਪ ਹੋਏ ਹੋਏ ਹਰੀ ਦੇ ਸੇਵਕ) ਖ਼ੁਸ਼ੀ ਗ਼ਮੀ ਤੋਂ ਉਤਾਂਹ ਰਹਿੰਦੇ ਹਨ,

51346	1189	ਅੰਮ੍ਰਿਤੁ ਚਾਖਿ ਹਰਿ ਨਾਮਿ ਨਿਵਾਸਾ॥		Anmrith Chaakh Har Naam Nivaasaa ||	Tasting the Amrit, the Ambrosial Nectar, they abide in the Lord's Name.	ਆਤਮਕ ਜੀਵਨ ਦੇਣ ਵਾਲਾ ਨਾਮ-ਅੰਮ੍ਰਿਤ ਚੱਖ ਕੇ ਉਹ ਬੰਦੇ ਪਰਮਾਤਮਾ ਦੇ ਨਾਮ ਵਿਚ ਹੀ (ਆਪਣੇ ਮਨ ਦਾ) ਟਿਕਾਣਾ ਬਣਾ ਲੈਂਦੇ ਹਨ।
51347	1189	ਆਪੁ ਪਛਾਣਿ ਰਹੈ ਲਿਵ ਲਾਗਾ॥		Aap Pashhaan Rehai Liv Laagaa ||	They recognize their own selves, and remain lovingly attuned to the Lord.	ਜੇਹੜਾ ਮਨੁੱਖ ਆਪਣੇ ਆਤਮਕ ਜੀਵਨ ਨੂੰ ਪਰਖ ਕੇ ਪਰਮਾਤਮਾ ਦੀ ਯਾਦ ਵਿਚ ਸੁਰਤ ਜੋੜੀ ਰੱਖਦਾ ਹੈ,
51348	1189	ਜਨਮੁ ਜੀਤਿ ਗੁਰਮਤਿ ਦੁਖੁ ਭਾਗਾ॥੬॥		Janam Jeeth Guramath Dhukh Bhaagaa ||6||	They are victorious on the battlefield of life, following the Guru's Teachings, and their pains run away. ||6||	ਉਹ ਮਨੁੱਖਾ ਜੀਵਨ ਦੀ ਬਾਜ਼ੀ ਜਿੱਤ ਲੈਂਦਾ ਹੈ। ਗੁਰੂ ਦੀ ਮੱਤ ਤੇ ਤੁਰਨ ਨਾਲ ਉਸ ਦਾ (ਚੰਚਲਤਾ ਵਾਲਾ) ਦੁੱਖ ਦੂਰ ਹੋ ਜਾਂਦਾ ਹੈ ॥੬॥
51349	1189	ਗੁਰਿ ਦੀਆ ਸਚੁ ਅੰਮ੍ਰਿਤੁ ਪੀਵਉ॥		Gur Dheeaa Sach Anmrith Peevo ||	The Guru has given me the True Ambrosial Nectar; I drink it in.	(ਮੇਹਰ ਕਰ ਕੇ) ਗੁਰੂ ਨੇ ਮੈਨੂੰ ਸਦਾ-ਥਿਰ ਰਹਿਣ ਵਾਲਾ ਨਾਮ-ਅੰਮ੍ਰਿਤ ਦਿੱਤਾ ਹੈ, ਮੈਂ (ਉਸ ਅੰਮ੍ਰਿਤ ਨੂੰ ਸਦਾ) ਪੀਂਦਾ ਹਾਂ।
51350	1189	ਸਹਜਿ ਮਰਉ ਜੀਵਤ ਹੀ ਜੀਵਉ॥		Sehaj Maro Jeevath Hee Jeevo ||	Of course, I have died, and now I am alive to live.	(ਉਸ ਅੰਮ੍ਰਿਤ ਦੀ ਬਰਕਤਿ ਨਾਲ) ਆਤਮਕ ਅਡੋਲਤਾ ਵਿਚ ਟਿਕ ਕੇ ਮੈਂ ਵਿਕਾਰਾਂ ਵਲੋਂ ਮੂੰਹ ਮੋੜ ਚੁਕਾ ਹਾਂ, ਦੁਨੀਆ ਦੇ ਕਾਰ-ਵਿਹਾਰ ਕਰਦਿਆਂ ਹੀ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੋ ਰਿਹਾ ਹੈ।

51351	1189	ਅਪਣੋ ਕਰਿ ਰਾਖਹੁ ਗੁਰ ਭਾਵੈ॥		Apano Kar Raakhahu Gur Bhaavai ||	Please, protect me as Your Own, if it pleases You.	ਜੇ ਗੁਰੂ ਮੇਹਰ ਕਰੇ (ਭਾਵ, ਗੁਰੂ ਦੀ ਮੇਹਰ ਨਾਲ ਹੀ) (ਮੈਂ ਅਰਦਾਸ ਕਰਦਾ ਹਾਂ, ਤੇ ਆਖਦਾ ਹਾਂ-ਹੇ ਪ੍ਰਭੂ!) ਮੈਨੂੰ ਆਪਣਾ (ਸੇਵਕ) ਬਣਾ ਕੇ (ਆਪਣੇ ਚਰਨਾਂ ਵਿਚ) ਰੱਖ।
51352	1189	ਤੁਮਰੋ ਹੋਇ ਸੁ ਤੁਝਹਿ ਸਮਾਵੈ॥੭॥		Thumaro Hoe S Thujhehi Samaavai ||7||	One who is Yours, merges into You. ||7||	ਜੇਹੜਾ ਬੰਦਾ ਤੇਰਾ (ਸੇਵਕ) ਬਣ ਜਾਂਦਾ ਹੈ, ਉਹ ਤੇਰੇ ਵਿਚ ਹੀ ਲੀਨ ਹੋ ਜਾਂਦਾ ਹੈ ॥੭॥
51353	1189	ਭੋਗੀ ਕਉ ਦੁਖੁ ਰੋਗ ਵਿਆਪੈ॥		Bhogee Ko Dhukh Rog Viaapai ||	Painful diseases afflict those who are sexually promiscuous.	ਜੇਹੜਾ ਮਨੁੱਖ ਦੁਨੀਆ ਦੇ ਪਦਾਰਥਾਂ ਦੇ ਭੋਗਣ ਵਿਚ ਹੀ ਮਸਤ ਰਹਿੰਦਾ ਹੈ ਉਸ ਨੂੰ ਰੋਗਾਂ ਦਾ ਦੁੱਖ ਆ ਦਬਾਂਦਾ ਹੈ।
51354	1189	ਘਟਿ ਘਟਿ ਰਵਿ ਰਹਿਆ ਪ੍ਰਭੁ ਜਾਪੈ॥		Ghatt Ghatt Rav Rehiaa Prabh Jaapai ||	God appears permeating and pervading in each and every heart.	ਪਰ, ਜਿਸ ਮਨੁੱਖ ਨੂੰ ਪਰਮਾਤਮਾ ਹਰੇਕ ਘਟ ਵਿਚ ਵਿਆਪਕ ਦਿੱਸ ਪੈਂਦਾ ਹੈ,
51355	1189	ਸੁਖ ਦੁਖ ਹੀ ਤੇ ਗੁਰ ਸਬਦਿ ਅਤੀਤਾ॥		Sukh Dhukh Hee Thae Gur Sabadh Atheethaa ||	One who remains unattached, through the Word of the Guru's Shabad	ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ ਸੁਖਾਂ ਦੁੱਖਾਂ ਤੋਂ ਨਿਰਲੇਪ ਰਹਿੰਦਾ ਹੈ,
51356	1189	ਨਾਨਕ ਰਾਮੁ ਰਵੈ ਹਿਤ ਚੀਤਾ ॥੮॥੪॥		Naanak Raam Ravai Hith Cheethaa ||8||4||	- O Nanak, his heart and consciousness dwell upon and savor the Lord. ||8||4||	ਹੇ ਨਾਨਕ! ਉਹ ਚਿੱਤ ਦੇ ਪਿਆਰ ਨਾਲ (ਸਦਾ) ਪਰਮਾਤਮਾ ਦਾ ਨਾਮ ਸਿਮਰਦਾ ਹੈ ॥੮॥੪॥

51357	1189	ਬਸੰਤੁ ਮਹਲਾ ੧ ਇਕ ਤੁਕੀਆ॥		Basanth Mehalaa 1 Eik Thukeeaa ||	Basant, First Mehl, Ik-Tukee:	
51358	1189	ਮਤੁ ਭਸਮ ਅੰਧੂਲੇ ਗਰਬਿ ਜਾਹਿ॥	(ਅੰਧੂ-ਲੇ) ਅੰਧੇ	Math Bhasam Andhhoolae Garab Jaahi ||	Do not make such a show of rubbing ashes on your body.	ਹੇ ਅਕਲੋਂ ਅੰਨ੍ਹੇ! ਪਿੰਡੇ ਤੇ ਸੁਆਹ ਮਲ ਕੇ ਮਤਾਂ ਤੂੰ ਅਹੰਕਾਰ ਵਿਚ ਆ ਜਾਏਂ (ਕਿ ਤੂੰ ਕੋਈ ਬੜਾ ਹੀ ਉੱਤਮ ਕਰਮ ਕਰ ਰਿਹਾ ਹੈਂ)
51359	1189	ਇਨ ਬਿਧਿ ਨਾਗੇ ਜੋਗੁ ਨਾਹਿ॥੧॥	ਨਾਂਗੇ	Ein Bidhh Naagae Jog Naahi ||1||	O naked Yogi, this is not the way of Yoga! ||1||	ਨੰਗੇ ਰਹਿ ਕੇ (ਤੇ ਪਿੰਡੇ ਉਤੇ ਸੁਆਹ ਮਲ ਕੇ) ਇਹਨਾਂ ਤਰੀਕਿਆਂ ਨਾਲ (ਪਰਮਾਤਮਾ ਨਾਲ) ਮਿਲਾਪ ਨਹੀਂ ਹੋ ਸਕਦਾ ॥੧॥
51360	1189	ਮੂੜੇ ਕਾਹੇ ਬਿਸਾਰਿਓ ਤੈ ਰਾਮ ਨਾਮ॥		Moorrhae Kaahae Bisaariou Thai Raam Naam ||	You fool! How can you have forgotten the Lord's Name?	ਹੇ ਮੂਰਖ! ਤੂੰ ਪਰਮਾਤਮਾ ਦਾ ਨਾਮ ਕਿਉਂ ਵਿਸਾਰ ਦਿੱਤਾ ਹੈ?
51361	1189	ਅੰਤ ਕਾਲਿ ਤੇਰੈ ਆਵੈ ਕਾਮ॥੧॥ਰਹਾਉ॥		Anth Kaal Thaerai Aavai Kaam ||1|| Rehaao ||	At the very last moment, it and it alone shall be of any use to you. ||1||Pause||	ਪਰਮਾਤਮਾ ਦਾ ਨਾਮ ਹੀ ਅੰਤ ਸਮੇ ਤੇਰੇ ਕੰਮ ਆ ਸਕਦਾ ਹੈ ॥੧॥ ਰਹਾਉ ॥
51362	1189	ਗੁਰ ਪੂਛਿ ਤੁਮ ਕਰਹੁ ਬੀਚਾਰੁ॥		Gur Pooshh Thum Karahu Beechaar ||	Consult the Guru, reflect and think it over.	ਗੁਰੂ ਦੀ ਸਿੱਖਿਆ ਲੈ ਕੇ ਸੋਚੋ ਸਮਝੋ (ਘਰ-ਘਾਟ ਛੱਡ ਕੇ ਬਾਹਰ ਭਟਕਿਆਂ ਰੱਬ ਨਹੀਂ ਮਿਲਦਾ)।

51363	1189	ਜਹ ਦੇਖਉ ਤਹ ਸਾਰਿਗਪਾਣਿ॥੨॥		Jeh Dhaekho Theh Saarigapaan ||2||	Wherever I look, I see the Lord of the World. ||2||	ਮੈਂ ਤਾਂ ਜਿੱਧਰ ਵੇਖਦਾ ਹਾਂ ਉਧਰ ਹੀ (ਹਰ ਥਾਂ) ਪਰਮਾਤਮਾ ਮੌਜੂਦ ਹੈ ॥੨॥
51364	1189	ਕਿਆ ਹਉ ਆਖਾ ਜਾਂ ਕਛੂ ਨਾਹਿ॥	ਆਖਾਂ	Kiaa Ho Aakhaa Jaan Kashhoo Naahi ||	What can I say? I am nothing.	ਹੇ ਪ੍ਰਭੂ! ਮੈਂ ਮਾਣ ਭੀ ਕਿਸ ਚੀਜ਼ ਦਾ ਕਰਾਂ? ਜੋ ਕੁਝ ਭੀ ਮੈਂ ਆਪਣਾ ਸਮਝਦਾ ਹਾਂ ਇਹ ਮੇਰਾ ਆਪਣਾ ਨਹੀਂ, (ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ, ਤੇ ਹੈ ਭੀ ਨਾਸਵੰਤ)
51365	1189	ਜਾਤਿ ਪਤਿ ਸਭ ਤੇਰੈ ਨਾਇ॥੩॥		Jaath Path Sabh Thaerai Naae ||3||	All my status and honor are in Your Name. ||3||	ਹੇ ਪ੍ਰਭੂ! (ਗ੍ਰਿਹਸਤ ਵਿਚ ਰਹਿ ਕੇ ਉੱਚੀ ਜਾਤਿ ਜਾਂ ਦੁਨੀਆਵੀ ਇੱਜ਼ਤ ਦਾ ਮਾਣ ਕਰਨਾ ਭੀ ਜੀਵ ਦੀ ਭਾਰੀ ਭੁੱਲ ਹੈ) ਤੇਰੇ ਨਾਮ ਵਿਚ ਜੁੜਨਾ ਹੀ ਉੱਚੀ ਜਾਤਿ ਹੈ ਤੇਰੇ ਨਾਮ ਵਿਚ ਜੁੜਨਾ ਹੀ ਦੁਨੀਆ ਵਿਚ ਇੱਜ਼ਤ-ਮਾਣ ਹੈ ॥੩॥
51366	1189	ਕਾਹੇ ਮਾਲੁ ਦਰਬੁ ਦੇਖਿ ਗਰਬਿ ਜਾਹਿ॥		Kaahae Maal Dharab Dhaekh Garab Jaahi ||	Why do you take such pride in gazing upon your property and wealth?	(ਗ੍ਰਿਹਸਤ ਨੂੰ ਤਿਆਗ ਜਾਣ ਵਾਲਾ ਨਿਰੇ ਨੰਗੇ ਰਹਿਣ ਤੇ ਪਿੰਡੇ ਤੇ ਸੁਆਹ ਮਲਣ ਦਾ ਮਾਣ ਕਰਦਾ ਹੈ। ਇਹ ਭੁੱਲ ਹੈ। ਪਰ ਗ੍ਰਿਹਸਤੀ ਧਨ ਦਾ ਅਹੰਕਾਰ ਕਰਦਾ ਹੈ। ਇਹ ਭੀ ਮੂਰਖਤਾ ਹੈ) ਮਾਲ ਧਨ ਵੇਖ ਕੇ ਤੂੰ ਅਹੰਕਾਰ ਕਰਦਾ ਹੈਂ।

51367	1189	ਚਲਤੀ ਬਾਰ ਤੇਰੋ ਕਛੂ ਨਾਹਿ॥੪॥		Chalathee Baar Thaero Kashhoo Naahi ||4||	When you must leave, nothing shall go along with you. ||4||	ਸੰਸਾਰ ਤੋਂ ਕੂਚ ਕਰਨ ਵੇਲੇ (ਧਨ ਮਾਲ ਵਿਚੋਂ) ਕੋਈ ਭੀ ਚੀਜ਼ ਤੇਰੀ ਨਹੀਂ ਹੋਵੇਗੀ ॥੪॥
51368	1189	ਪੰਚ ਮਾਰਿ ਚਿਤੁ ਰਖਹੁ ਥਾਇ॥		Panch Maar Chith Rakhahu Thhaae ||	So subdue the five thieves, and hold your consciousness in its place.	ਕਾਮਾਦਿਕ ਪੰਜਾਂ ਨੂੰ ਮਾਰ ਕੇ ਆਪਣੇ ਮਨ ਨੂੰ ਵੱਸ ਵਿਚ ਰੱਖ।
51369	1189	ਜੋਗ ਜੁਗਤਿ ਕੀ ਇਹੈ ਪਾਂਇ॥੫॥		Jog Jugath Kee Eihai Paane ||5||	This is the basis of the way of Yoga. ||5||	ਪਰਮਾਤਮਾ ਨਾਲ ਮਿਲਾਪ ਪੈਦਾ ਕਰਨ ਵਾਲੇ ਤਰੀਕੇ ਦੀ ਇਹੀ ਨੀਂਹ ਹੈ ॥੫॥
51370	1189	ਹਉਮੈ ਪੈਖੜੁ ਤੇਰੇ ਮਨੈ ਮਾਹਿ॥		Houmai Paikharr Thaerae Manai Maahi ||	Your mind is tied with the rope of egotism.	ਹੇ ਮੂਰਖ! (ਜੇ ਤੂੰ ਤਿਆਗੀ ਹੈਂ ਤਾਂ ਤਿਆਗ ਦਾ, ਤੇ, ਜੇ ਤੂੰ ਗ੍ਰਿਹਸਤੀ ਹੈ ਤਾਂ ਧਨ ਮਾਲ ਦਾ ਤੈਨੂੰ ਮਾਣ ਹੈ, ਇਹ) ਹਉਮੈ ਤੇਰੇ ਮਨ ਵਿਚ ਹੈ ਜੋ ਤੇਰੇ ਮਨ ਨੂੰ ਅਟਕਾਈ ਬੈਠੀ ਹੈ ਜਿਵੇਂ ਪਸ਼ੂ ਦੀ ਪਿਛਲੀ ਲੱਤ ਨਾਲ ਬੱਧਾ ਹੋਇਆ ਢੰਗਾ ਉਸ ਨੂੰ ਦੌੜਨ ਨਹੀਂ ਦੇਂਦਾ।
51371	1189	ਹਰਿ ਨ ਚੇਤਹਿ ਮੂੜੇ ਮੁਕਤਿ ਜਾਹਿ॥੬॥		Har N Chaethehi Moorrae Mukath Jaahi ||6||	You do not even think of the Lord - you fool! He alone shall liberate you. ||6||	ਤੂੰ (ਇਸ ਹਉਮੈ ਦੇ ਢੰਗੇ ਦੇ ਕਾਰਨ) ਪਰਮਾਤਮਾ ਨੂੰ ਨਹੀਂ ਸਿਮਰਦਾ। ਤੇ, ਵਿਕਾਰਾਂ ਤੋਂ ਖ਼ਲਾਸੀ ਸਿਮਰਨ ਨਾਲ ਹੀ ਹੋ ਸਕਦੀ ਹੈ ॥੬॥
51372	1189	ਮਤ ਹਰਿ ਵਿਸਰਿਐ ਜਮ ਵਸਿ ਪਾਹਿ॥	ਵੱਸਿ	Math Har Visariai Jam Vas Paahi ||	If you forget the Lord, you will fall into the clutches of the Messenger of Death.	(ਹੇ ਮੂਰਖ! ਸੁਚੇਤ ਹੋ) ਪਰਮਾਤਮਾ ਦਾ ਨਾਮ ਭੁਲਾਇਆਂ ਮਤਾਂ ਜਮਾਂ ਦੇ ਵੱਸ ਵਿਚ ਪੈ ਜਾਏਂ,

51373	1189	ਅੰਤ ਕਾਲਿ ਮੂੜੇ ਚੋਟ ਖਾਹਿ॥੭॥		Anth Kaal Moorrae Chott Khaahi ||7||	At that very last moment, you fool, you shall be beaten. ||7||	ਤੇ ਅਖ਼ੀਰਲੇ ਸਮੇ (ਪਛਤਾਵੇ ਦੀ) ਮਾਰ-ਕੁੱਟ ਖਾਏਂ ॥੭॥
51374	1190	ਗੁਰ ਸਬਦੁ ਬੀਚਾਰਹਿ ਆਪੁ ਜਾਇ॥		Gur Sabadh Beechaarehi Aap Jaae ||	Contemplate the Word of the Guru's Shabad, and be rid of your ego.	ਜੇ ਤੂੰ ਗੁਰੂ ਦੇ ਸ਼ਬਦ ਨੂੰ ਆਪਣੀ ਸੁਰਤ ਵਿਚ ਟਿਕਾ ਰੱਖੇਂ, ਤਾਂ ਇਸ ਤਰ੍ਹਾਂ ਆਪਾ-ਭਾਵ ਦੂਰ ਹੋ ਸਕੇਗਾ।
51375	1190	ਸਾਚ ਜੋਗੁ ਮਨਿ ਵਸੈ ਆਇ॥੮॥		Saach Jog Man Vasai Aae ||8||	True Yoga shall come to dwell in your mind. ||8||	(ਗੁਰੂ ਦਾ ਸ਼ਬਦ ਵਿਚਾਰਨ ਦੀ ਬਰਕਤਿ ਨਾਲ ਉਹ ਪ੍ਰਭੂ-ਨਾਮ) ਮਨ ਵਿਚ ਆ ਵੱਸਦਾ ਹੈ ਜੋ ਸਦਾ-ਥਿਰ ਪ੍ਰਭੂ ਨਾਲ ਸਦਾ ਦਾ ਮਿਲਾਪ ਬਣਾ ਦੇਂਦਾ ਹੈ ॥੮॥
51376	1190	ਜਿਨਿ ਜੀਉ ਪਿੰਡੁ ਦਿਤਾ ਤਿਸੁ ਚੇਤਹਿ ਨਾਹਿ॥		Jin Jeeo Pindd Dhithaa This Chaethehi Naahi ||	He blessed you with body and soul, but you do not even think of Him.	ਹੇ ਮੂਰਖ! ਜਿਸ ਪਰਮਾਤਮਾ ਨੇ ਤੈਨੂੰ ਜਿੰਦ ਦਿੱਤੀ ਹੈ ਸਰੀਰ ਦਿੱਤਾ ਹੈ ਉਸ ਨੂੰ ਤੂੰ ਚੇਤੇ ਨਹੀਂ ਕਰਦਾ,
51377	1190	ਮੜੀ ਮਸਾਣੀ ਮੂੜੇ ਜੋਗੁ ਨਾਹਿ॥੯॥	ਮੜ੍ਹੀ। ਮੂੜ੍ਹੇ	Marree Masaanee Moorrae Jog Naahi ||9||	You fool! Visiting graves and cremation grounds is not Yoga. ||9||	(ਤੇ ਸੁਆਹ ਮਲ ਕੇ ਮੜ੍ਹੀਆਂ ਮਸਾਣਾਂ ਵਿਚ ਜਾ ਡੇਰਾ ਲਾਂਦਾ ਹੈਂ) ਮੜ੍ਹੀਆਂ ਮਸਾਣਾਂ ਵਿਚ ਬੈਠਿਆਂ ਪਰਮਾਤਮਾ ਨਾਲ ਮਿਲਾਪ ਨਹੀਂ ਬਣ ਸਕਦਾ ॥੯॥

51378	1190	ਗੁਣ ਨਾਨਕੁ ਬੋਲੈ ਭਲੀ ਬਾਣਿ॥		Gun Naanak Bolai Bhalee Baan ||	Nanak chants the sublime, glorious Bani of the Word.	ਨਾਨਕ ਤਾਂ ਪਰਮਾਤਮਾ ਦੀਆਂ ਸਿਫ਼ਤਾਂ ਦੀ ਬਾਣੀ ਉਚਾਰਦਾ ਹੈ, ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੀ ਬਾਣੀ ਹੀ ਸੁੰਦਰ ਬਾਣੀ ਹੈ।
51379	1190	ਤੁਮ ਹੋਹੁ ਸੁਜਾਖੇ ਲੇਹੁ ਪਛਾਣਿ॥੧੦॥੫॥		Thum Hohu Sujaakhae Laehu Pashhaan ||10||5||	Understand it, and appreciate it. ||10||5||	(ਇਹੀ ਪਰਮਾਤਮਾ ਦੇ ਚਰਨਾਂ ਵਿਚ ਜੋੜ ਸਕਦੀ ਹੈ) ਇਸ ਗੱਲ ਨੂੰ ਸਮਝ (ਜੇ ਤੂੰ ਭੀ ਪ੍ਰਭੂ ਦੀ ਸਿਫ਼ਤ-ਸਾਲਾਹ ਕਰੇਂਗਾ ਤਾਂ) ਤੈਨੂੰ ਭੀ ਪਰਮਾਤਮਾ ਦਾ ਦੀਦਾਰ ਕਰਾਣ ਵਾਲੀਆਂ ਆਤਮਕ ਅੱਖਾਂ ਮਿਲ ਜਾਣਗੀਆਂ ॥੧੦॥੫॥
51380	1190	ਬਸੰਤੁ ਮਹਲਾ ੧॥		Basanth Mehalaa 1 ||	Basant, First Mehl:	
51381	1190	ਦੁਬਿਧਾ ਦੁਰਮਤਿ ਅਧੁਲੀ ਕਾਰ॥	ਦੁਰ-ਮੱਤਿ	Dhubidhhaa Dhuramath Adhhulee Kaar ||	In duality and evil-mindedness, the mortal acts blindly.	ਭੈੜੀ ਮੱਤ ਦੇ ਪਿੱਛੇ ਲੱਗ ਕੇ ਮਨੁੱਖ ਪ੍ਰਭੂ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਝਾਕ ਰੱਖਦਾ ਹੈ, (ਮਾਇਆ ਦੇ ਮੋਹ ਵਿਚ) ਅੰਨ੍ਹੀ ਹੋ ਚੁਕੀ ਹੀ ਕਾਰ ਕਰਦਾ ਹੈ।
51382	1190	ਮਨਮੁਖਿ ਭਰਮੈ ਮਝਿ ਗੁਬਾਰ ॥੧॥		Manamukh Bharamai Majh Gubaar ||1||	The self-willed manmukh wanders, lost in the darkness. ||1||	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ ਦੇ ਮੋਹ ਦੇ) ਹਨੇਰੇ ਵਿਚ ਭਟਕਦਾ ਫਿਰਦਾ ਹੈ (ਠੇਡੇ ਖਾਂਦਾ ਫਿਰਦਾ ਹੈ, ਉਸ ਨੂੰ ਸਹੀ ਜੀਵਨ-ਪੰਧ ਨਹੀਂ ਦਿੱਸਦਾ) ॥੧॥

51383	1190	ਮਨੁ ਅੰਧੁਲਾ ਅੰਧੁਲੀ ਮਤਿ ਲਾਗੈ॥		Man Andhhulaa Andhhulee Math Laagai ||	The blind man follows blind advice.	ਮਾਇਆ ਵਿਚ ਅੰਨ੍ਹਾ ਹੋਇਆ ਮਨ ਉਸੇ ਮੱਤ ਦੇ ਪਿੱਛੇ ਤੁਰਦਾ ਹੈ ਜੋ (ਆਪ ਭੀ) ਮਾਇਆ ਦੇ ਮੋਹ ਵਿਚ ਅੰਨ੍ਹੀ ਹੋਈ ਪਈ ਹੈ (ਤੇ ਉਹ ਮਨ ਮਾਇਆ ਦੀ ਭਟਕਣਾ ਵਿਚ ਹੀ ਰਹਿੰਦਾ ਹੈ)।
51384	1190	ਗੁਰ ਕਰਣੀ ਬਿਨੁ ਭਰਮੁ ਨ ਭਾਗੈ॥੧॥ਰਹਾਉ॥		Gur Karanee Bin Bharam N Bhaagai ||1|| Rehaao ||	Unless one takes the Guru's Way, his doubt is not dispelled. ||1||Pause||	ਗੁਰੂ ਦੀ ਦੱਸੀ ਕਾਰ ਕਰਨ ਤੋਂ ਬਿਨਾ ਮਨ ਦੀ ਇਹ ਭਟਕਣਾ ਦੂਰ ਨਹੀਂ ਹੁੰਦੀ ॥੧॥ ਰਹਾਉ ॥
51385	1190	ਮਨਮੁਖਿ ਅੰਧੁਲੇ ਗੁਰਮਤਿ ਨ ਭਾਈ॥		Manamukh Andhhulae Guramath N Bhaaee ||	The manmukh is blind; he does not like the Guru's Teachings.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਅੰਨ੍ਹੇ ਮਨੁੱਖਾਂ ਨੂੰ ਗੁਰੂ ਦੀ (ਦਿੱਤੀ) ਮੱਤ ਪਸੰਦ ਨਹੀਂ ਆਉਂਦੀ।
51386	1190	ਪਸੂ ਭਏ ਅਭਿਮਾਨੁ ਨ ਜਾਈ॥੨॥		Pasoo Bheae Abhimaan N Jaaee ||2||	He has become a beast; he cannot get rid of his egotistical pride. ||2||	(ਉਹ ਵੇਖਣ ਨੂੰ ਭਾਵੇਂ ਮਨੁੱਖ ਹਨ ਪਰ ਸੁਭਾਵ ਵਲੋਂ) ਪਸੂ ਹੋ ਚੁਕੇ ਹੁੰਦੇ ਹਨ, (ਉਹਨਾਂ ਦੇ ਅੰਦਰੋਂ) ਆਕੜ ਨਹੀਂ ਜਾਂਦੀ ॥੨॥
51387	1190	ਲਖ ਚਉਰਾਸੀਹ ਜੰਤ ਉਪਾਏ॥		Lakh Chouraaseeh Janth Oupaaeae ||	God created 8.4 million species of beings.	ਸਿਰਜਣਹਾਰ ਪ੍ਰਭੂ ਚੌਰਾਸੀ ਲੱਖ ਜੂਨਾਂ ਵਿਚ ਬੇਅੰਤ ਜੀਵ ਪੈਦਾ ਕਰਦਾ ਹੈ,

51388	1190	ਮੇਰੇ ਠਾਕੁਰ ਭਾਣੇ ਸਿਰਜਿ ਸਮਾਏ॥੩॥		Maerae Thaakur Bhaanae Siraj Samaaeae ||3||	My Lord and Master, by the Pleasure of His Will, creates and destroys them. ||3||	ਜਿਵੇਂ ਉਸ ਠਾਕੁਰ ਦੀ ਮਰਜ਼ੀ ਹੁੰਦੀ ਹੈ, ਪੈਦਾ ਕਰਦਾ ਹੈ ਤੇ ਨਾਸ ਭੀ ਕਰ ਦੇਂਦਾ ਹੈ ॥੩॥
51389	1190	ਸਗਲੀ ਭੂਲੈ ਨਹੀ ਸਬਦੁ ਅਚਾਰੁ॥		Sagalee Bhoolai Nehee Sabadh Achaar ||	All are deluded and confused, without the Word of the Shabad and good conduct.	ਪਰ ਉਹ ਸਾਰੀ ਹੀ ਲੁਕਾਈ ਕੁਰਾਹੇ ਪਈ ਰਹਿੰਦੀ ਹੈ ਜਦ ਤਕ ਉਹ ਗੁਰੂ ਦਾ ਸ਼ਬਦ (ਹਿਰਦੇ ਵਿਚ ਨਹੀਂ ਵਸਾਂਦੀ, ਤੇ ਜਦ ਤਕ ਉਸ ਸ਼ਬਦ ਅਨੁਸਾਰ ਆਪਣਾ) ਕਰਤੱਬ ਨਹੀਂ ਬਣਾਂਦੀ।
51390	1190	ਸੋ ਸਮਝੈ ਜਿਸੁ ਗੁਰੁ ਕਰਤਾਰੁ ॥੪॥		So Samajhai Jis Gur Karathaar ||4||	He alone is instructed in this, who is blessed by the Guru, the Creator. ||4||	ਉਹੀ ਜੀਵ (ਜੀਵਨ ਦੇ ਸਹੀ ਰਸਤੇ ਨੂੰ) ਸਮਝਦਾ ਹੈ ਜਿਸ ਦਾ ਰਾਹਬਰ ਗੁਰੂ ਬਣਦਾ ਹੈ ਕਰਤਾਰ ਬਣਦਾ ਹੈ ॥੪॥
51391	1190	ਗੁਰ ਕੇ ਚਾਕਰ ਠਾਕੁਰ ਭਾਣੇ॥		Gur Kae Chaakar Thaakur Bhaanae ||	The Guru's servants are pleasing to our Lord and Master.	ਜੇਹੜੇ ਮਨੁੱਖ ਸਤਿਗੁਰੂ ਦੇ ਸੇਵਕ ਬਣਦੇ ਹਨ ਉਹ ਪਾਲਣਹਾਰ ਪ੍ਰਭੂ ਨੂੰ ਪਸੰਦ ਆ ਜਾਂਦੇ ਹਨ।
51392	1190	ਬਖਸਿ ਲੀਏ ਨਾਹੀ ਜਮ ਕਾਣੇ॥੫॥		Bakhas Leeeae Naahee Jam Kaanae ||5||	The Lord forgives them, and they no longer fear the Messenger of Death. ||5||	ਉਹਨਾਂ ਨੂੰ ਜਮਾਂ ਦੀ ਮੁਥਾਜੀ ਨਹੀਂ ਰਹਿ ਜਾਂਦੀ ਕਿਉਂਕਿ ਪ੍ਰਭੂ ਨੇ ਉਹਨਾਂ ਉਤੇ ਮੇਹਰ ਕਰ ਦਿੱਤੀ ਹੁੰਦੀ ਹੈ ॥੫॥
51393	1190	ਜਿਨ ਕੈ ਹਿਰਦੈ ਏਕੋ ਭਾਇਆ॥		Jin Kai Hiradhai Eaeko Bhaaeiaa ||	Those who love the One Lord with all their heart	ਜਿਨ੍ਹਾਂ ਬੰਦਿਆਂ ਨੂੰ ਆਪਣੇ ਹਿਰਦੇ ਵਿਚ ਇਕ ਪਰਮਾਤਮਾ ਹੀ ਪਿਆਰਾ ਲੱਗਦਾ ਹੈ,

51394	1190	ਆਪੇ ਮੇਲੇ ਭਰਮੁ ਚੁਕਾਇਆ॥੬॥		Aapae Maelae Bharam Chukaaeiaa ||6||	- He dispels their doubts and unites them with Himself. ||6||	ਉਹਨਾਂ ਨੂੰ ਪਰਮਾਤਮਾ ਆਪ ਹੀ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ, ਉਹਨਾਂ ਦੀ ਭਟਕਣਾ ਦੂਰ ਹੋ ਜਾਂਦੀ ਹੈ ॥੬॥
51395	1190	ਬੇਮੁਹਤਾਜੁ ਬੇਅੰਤੁ ਅਪਾਰਾ॥		Baemuhathaaj Baeanth Apaaraa ||	God is Independent, Endless and Infinite.	ਪ੍ਰਭੂ ਬੇ-ਮੁਥਾਜ ਹੈ ਬੇਅੰਤ ਹੈ ਉਸ ਦੀ ਹਸਤੀ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ।
51396	1190	ਸਚਿ ਪਤੀਜੈ ਕਰਣੈਹਾਰਾ॥੭॥		Sach Patheejai Karanaihaaraa ||7||	The Creator Lord is pleased with Truth. ||7||	ਸਾਰੀ ਸ੍ਰਿਸ਼ਟੀ ਦਾ ਸਿਰਜਣਹਾਰ ਪ੍ਰਭੂ ਸਿਮਰਨ ਦੀ ਰਾਹੀਂ ਹੀ ਖ਼ੁਸ਼ ਕੀਤਾ ਜਾ ਸਕਦਾ ਹੈ ॥੭॥
51397	1190	ਨਾਨਕ ਭੂਲੇ ਗੁਰੁ ਸਮਝਾਵੈ॥		Naanak Bhoolae Gur Samajhaavai ||	O Nanak, the Guru instructs the mistaken soul.	ਹੇ ਨਾਨਕ! (ਮਾਇਆ ਦੇ ਮੋਹ ਵਿਚ ਫਸ ਕੇ) ਕੁਰਾਹੇ ਪਏ ਮਨੁੱਖ ਨੂੰ ਗੁਰੂ (ਹੀ) ਸਮਝਾ ਸਕਦਾ ਹੈ।
51398	1190	ਏਕੁ ਦਿਖਾਵੈ ਸਾਚਿ ਟਿਕਾਵੈ॥੮॥੬॥		Eaek Dhikhaavai Saach Ttikaavai ||8||6||	He implants the Truth within him, and shows him the One Lord. ||8||6||	ਗੁਰੂ ਉਸ ਨੂੰ ਇੱਕ ਪਰਮਾਤਮਾ ਦਾ ਦੀਦਾਰ ਕਰਾ ਦੇਂਦਾ ਹੈ, ਉਸ ਨੂੰ ਸਦਾ-ਥਿਰ ਪਰਮਾਤਮਾ (ਦੀ ਯਾਦ) ਵਿਚ ਜੋੜ ਦੇਂਦਾ ਹੈ ॥੮॥੬॥
51399	1190	ਬਸੰਤੁ ਮਹਲਾ ੧॥		Basanth Mehalaa 1 ||	Basant, First Mehl:	
51400	1190	ਆਪੇ ਭਵਰਾ ਫੂਲ ਬੇਲਿ॥		Aapae Bhavaraa Fool Bael ||	He Himself is the bumble bee, the fruit and the vine.	(ਗੁਰਮੁਖਿ ਨੂੰ ਦਿੱਸਦਾ ਹੈ ਕਿ) ਪਰਮਾਤਮਾ ਆਪ ਹੀ (ਸੁਗੰਧੀ ਲੈਣ ਵਾਲਾ) ਭੌਰਾ ਹੈ, ਆਪ ਹੀ ਵੇਲ ਹੈ ਤੇ ਆਪ ਹੀ ਵੇਲਾਂ ਉਤੇ ਉੱਗੇ ਹੋਏ ਫੁੱਲ ਹੈ।

51401	1190	ਆਪੇ ਸੰਗਤਿ ਮੀਤ ਮੇਲਿ॥੧॥		Aapae Sangath Meeth Mael ||1||	He Himself unites us with the Sangat - the Congregation, and the Guru, our Best Friend. ||1||	ਆਪ ਹੀ ਸੰਗਤ ਹੈ ਆਪ ਹੀ ਸੰਗਤ ਵਿਚ ਸਤ ਸੰਗੀ ਮਿਤ੍ਰਾਂ ਨੂੰ ਇਕੱਠਾ ਕਰਦਾ ਹੈ ॥੧॥
51402	1190	ਐਸੀ ਭਵਰਾ ਬਾਸੁ ਲੇ॥		Aisee Bhavaraa Baas Lae ||	O bumble bee, suck in that fragrance,	(ਗੁਰਮੁਖਿ) ਭੌਰਾ ਇਸ ਤਰ੍ਹਾਂ (ਪ੍ਰਭੂ ਦੇ ਨਾਮ ਦੀ) ਸੁਗੰਧੀ ਲੈਂਦਾ ਹੈ,
51403	1190	ਤਰਵਰ ਫੂਲੇ ਬਨ ਹਰੇ॥੧॥ਰਹਾਉ॥		Tharavar Foolae Ban Harae ||1|| Rehaao ||	Which causes the trees to flower, and the woods to grow lush foliage. ||1||Pause||	ਕਿ ਉਸ ਨੂੰ ਜੰਗਲ ਦੇ ਸਾਰੇ ਰੁੱਖ ਹਰੇ ਤੇ ਫੁੱਲਾਂ ਨਾਲ ਲੱਦੇ ਹੋਏ ਦਿੱਸਦੇ ਹਨ (ਗੁਰਮੁਖਿ ਨੂੰ ਸਾਰੀ ਸ੍ਰਿਸ਼ਟੀ ਵਿਚ ਹਰ ਥਾਂ ਪ੍ਰਭੂ ਦੀ ਹੀ ਜੋਤਿ ਰੁਮਕਦੀ ਦਿੱਸਦੀ ਹੈ) ॥੧॥ ਰਹਾਉ ॥
51404	1190	ਆਪੇ ਕਵਲਾ ਕੰਤੁ ਆਪਿ॥		Aapae Kavalaa Kanth Aap ||	He Himself is Lakshmi, and He Himself is her husband.	(ਗੁਰਮੁਖਿ ਨੂੰ ਦਿੱਸਦਾ ਹੈ ਕਿ) ਪ੍ਰਭੂ ਆਪ ਹੀ ਲੱਛਮੀ (ਮਾਇਆ) ਹੈ ਤੇ ਆਪ ਹੀ ਲੱਛਮੀ ਦਾ ਪਤੀ ਹੈ,
51405	1190	ਆਪੇ ਰਾਵੇ ਸਬਦਿ ਥਾਪਿ॥੨॥		Aapae Raavae Sabadh Thhaap ||2||	He established the world by Word of His Shabad, and He Himself ravishes it. ||2||	ਪ੍ਰਭੂ ਆਪ ਆਪਣੇ ਹੁਕਮ ਨਾਲ ਸਾਰੀ ਸ੍ਰਿਸ਼ਟੀ ਨੂੰ ਪੈਦਾ ਕਰ ਕੇ ਆਪ ਹੀ (ਦੁਨੀਆ ਦੇ ਪਦਾਰਥਾਂ ਨੂੰ) ਮਾਣ ਰਿਹਾ ਹੈ ॥੨॥
51406	1190	ਆਪੇ ਬਛਰੂ ਗਊ ਖੀਰੁ॥		Aapae Bashharoo Goo Kheer ||	He Himself is the calf, the cow and the milk.	ਪ੍ਰਭੂ ਆਪ ਹੀ ਵੱਛਾ ਹੈ ਆਪ ਹੀ (ਗਾਂ ਦਾ) ਦੁੱਧ ਹੈ,

51407	1190	ਆਪੇ ਮੰਦਰੁ ਥੰਮ੍ਹ ਸਰੀਰੁ ॥੩॥		Aapae Mandhar Thhanmha Sareer ||3||	He Himself is the Support of the body-mansion. ||3||	ਪ੍ਰਭੂ ਆਪ ਹੀ ਮੰਦਰ ਹੈ ਆਪ ਹੀ (ਮੰਦਰ ਦਾ) ਥੰਮ੍ਹ ਹੈ, (ਆਪ ਹੀ ਜਿੰਦ ਹੈ ਤੇ) ਆਪ ਹੀ ਸਰੀਰ ॥੩॥
51408	1190	ਆਪੇ ਕਰਣੀ ਕਰਣਹਾਰੁ॥		Aapae Karanee Karanehaar ||	He Himself is the Deed, and He Himself is the Doer.	ਪ੍ਰਭੂ ਆਪ ਹੀ ਕਰਨ-ਜੋਗ ਕੰਮ ਹੈ, ਪ੍ਰਭੂ ਆਪ ਹੀ ਸਭ ਕੁਝ ਕਰਨ ਦੇ ਸਮਰੱਥ (ਗੁਰੂ ਹੈ),
51409	1190	ਆਪੇ ਗੁਰਮੁਖਿ ਕਰਿ ਬੀਚਾਰੁ॥੪॥		Aapae Guramukh Kar Beechaar ||4||	As Gurmukh, He contemplates Himself. ||4||	ਤੇ ਆਪ ਹੀ ਗੁਰੂ ਦੇ ਸਨਮੁਖ ਹੋ ਕੇ ਆਪਣੇ ਗੁਣਾਂ ਦੀ ਵਿਚਾਰ ਕਰਦਾ ਹੈ ॥੪॥
51410	1190	ਤੂ ਕਰਿ ਕਰਿ ਦੇਖਹਿ ਕਰਣਹਾਰੁ॥		Thoo Kar Kar Dhaekhehi Karanehaar ||	You create the creation, and gaze upon it, O Creator Lord.	(ਗੁਰਮੁਖਿ ਪ੍ਰਭੂ-ਦਰ ਤੇ ਇਉਂ ਅਰਦਾਸ ਕਰਦਾ ਹੈ-) ਹੇ ਪ੍ਰਭੂ! ਤੂੰ ਸਭ ਕੁਝ ਕਰਨ ਦੀ ਤਾਕਤ ਰੱਖਦਾ ਹੈਂ, ਤੂੰ ਜੀਵ ਪੈਦਾ ਕਰ ਕੇ ਆਪ ਹੀ ਸਭ ਦੀ ਸੰਭਾਲ ਕਰਦਾ ਹੈਂ
51411	1190	ਜੋਤਿ ਜੀਅ ਅਸੰਖ ਦੇਇ ਅਧਾਰੁ॥੫॥		Joth Jeea Asankh Dhaee Adhhaar ||5||	You give Your Support to the uncounted beings and creatures. ||5||	ਬੇਅੰਤ ਜੀਵਾਂ ਨੂੰ ਆਪਣੀ ਜੋਤਿ ਦਾ ਸਹਾਰਾ ਦੇ ਕੇ (ਉਨ੍ਹਾਂ ਦਾ ਆਸਰਾ ਬਣਦਾ ਹੈਂ) ॥੫॥
51412	1190	ਤੂ ਸਰੁ ਸਾਗਰੁ ਗੁਣ ਗਹੀਰੁ॥		Thoo Sar Saagar Gun Geheer ||	You are the Profound, Unfathomable Ocean of Virtue.	ਹੇ ਪ੍ਰਭੂ! ਤੂੰ ਗੁਣਾਂ ਦਾ ਸਰੋਵਰ ਹੈਂ, ਤੂੰ ਗੁਣਾਂ ਦਾ ਅਥਾਹ ਸਮੁੰਦਰ ਹੈਂ।

51413	1190	ਤੂ ਅਕੁਲ ਨਿਰੰਜਨੁ ਪਰਮ ਹੀਰੁ॥੬॥	ਅ-ਕੁਲ: ਪੋਲਾ ਬੋਲੋ	Thoo Akul Niranjan Param Heer ||6||	You are the Unknowable, the Immaculate, the most Sublime Jewel. ||6||	ਤੇਰੀ ਕੋਈ ਖ਼ਾਸ ਕੁਲ ਨਹੀਂ, ਤੇਰੇ ਉਤੇ ਮਾਇਆ ਆਪਣਾ ਪ੍ਰਭਾਵ ਨਹੀਂ ਪਾ ਸਕਦੀ, ਤੂੰ ਸਭ ਤੋਂ ਸ੍ਰੇਸ਼ਟ ਹੀਰਾ ਹੈਂ ॥੬॥
51414	1190	ਤੂ ਆਪੇ ਕਰਤਾ ਕਰਣ ਜੋਗੁ॥		Thoo Aapae Karathaa Karan Jog ||	You Yourself are the Creator, with the Potency to create.	(ਗੁਰਮੁਖਿ ਸਦਾ ਇਉਂ ਅਰਦਾਸ ਕਰਦਾ ਹੈ-) ਹੇ ਰਾਜਨ! ਤੂੰ ਆਪ ਹੀ ਸਾਰੇ ਜਗਤ ਦਾ ਪੈਦਾ ਕਰਨ ਵਾਲਾ ਹੈਂ, ਤੇ ਪੈਦਾ ਕਰਨ ਦੀ ਸਮਰੱਥਾ ਰੱਖਦਾ ਹੈਂ।
51415	1190	ਨਿਹਕੇਵਲੁ ਰਾਜਨ ਸੁਖੀ ਲੋਗੁ॥੭॥	ਰਿਦੇ ਰਾਮ ਵਾਲੇ (ਰਾਜਨ) ਰਾਜੇ	Nihakaeval Raajan Sukhee Log ||7||	You are the Independent Ruler, whose people are at peace. ||7||	ਹੇ ਰਾਜਨ! ਤੂੰ ਪਵਿਤ੍ਰ-ਸਰੂਪ ਹੈਂ, ਜਿਸ ਉਤੇ ਤੇਰੀ ਮਿਹਰ ਹੁੰਦੀ ਹੈ ਉਹ ਆਤਮਕ ਆਨੰਦ ਮਾਣਦਾ ਹੈ ॥੭॥
51416	1190	ਨਾਨਕ ਧ੍ਰਾਪੇ ਹਰਿ ਨਾਮ ਸੁਆਦਿ॥		Naanak Dhhraapae Har Naam Suaadh ||	Nanak is satisfied with the subtle taste of the Lord's Name.	ਹੇ ਨਾਨਕ! ਜੇਹੜਾ ਭੀ ਮਨੁੱਖ ਪਰਮਾਤਮਾ ਦੇ ਨਾਮ ਦੇ ਸੁਆਦ ਵਿਚ ਮਗਨ ਹੁੰਦਾ ਹੈ ਉਹ ਮਾਇਆ ਵਲੋਂ ਰੱਜ ਜਾਂਦਾ ਹੈ,
51417	1190	ਬਿਨੁ ਹਰਿ ਗੁਰ ਪ੍ਰੀਤਮ ਜਨਮੁ ਬਾਦਿ॥੮॥੭॥		Bin Har Gur Preetham Janam Baadh ||8||7||	Without the Beloved Lord and Master, life is meaningless. ||8||7||	(ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਪਰਮਾਤਮਾ ਤੋਂ ਬਿਨਾ ਪ੍ਰੀਤਮ ਗੁਰੂ ਦੀ ਸਰਨ ਤੋਂ ਬਿਨਾ ਮਨੁੱਖਾ ਜੀਵਨ ਵਿਅਰਥ ਚਲਾ ਜਾਂਦਾ ਹੈ ॥੮॥੭॥
51418	1190	ਬਸੰਤੁ ਹਿੰਡੋਲੁ ਮਹਲਾ ੧ ਘਰੁ ੨		Basanth Hinddol Mehalaa 1 Ghar 2	Basant Hindol, First Mehl, Second House:	ਰਾਗ ਬਸੰਤੁ/ਹਿੰਡੋਲੁ, ਘਰ ੨ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।

51419	1190	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
51420	1190	ਨਉ ਸਤ ਚਉਦਹ ਤੀਨਿ ਚਾਰਿ ਕਰਿ ਮਹਲਤਿ ਚਾਰਿ ਬਹਾਲੀ॥	(ਨਉ) ਨੌਂ ਖੰਡ। (ਸਤ) ਸੱਤ ਦੀਪ। (ਚਉਦਹ) ਚੌਦਾਂ ਲੋਕ। (ਤੀਨਿ) ਤਿੰਨ ਗੁਣ। ਚਾਰਿ ਜੁਗ। (ਮਹ-ਲਤਿ) ਹਵੇਲੀ। (ਚਾਰਿ) ਚਾਰ ਖਾਣੀਆਂ ਰਾਹੀਂ, ਸੁੰਦਰ। (ਬਹਾਲੀ) ਇਸਥਿੱਤ ਕੀਤੀ	No Sath Choudheh Theen Chaar Kar Mehalath Chaar Behaalee ||	The nine regions, the seven continents, the fourteen worlds, the three qualities and the four ages - You established them all through the four sources of creation, and You seated them in Your mansions.	(ਜਦੋਂ ਇਥੇ ਹਿੰਦੂ-ਰਾਜ ਸੀ ਤਾਂ ਲੋਕ ਹੇਂਦਕੇ ਲਫ਼ਜ਼ ਹੀ ਵਰਤਦੇ ਸਨ ਤੇ ਆਖਿਆ ਕਰਦੇ ਸਨ ਕਿ) ਹੇ ਪ੍ਰਭੂ! ਨੈ ਖੰਡ, ਸੱਤ ਦੀਪ, ਚੌਦਾਂ ਭਵਨ, ਤਿੰਨ ਲੋਕ ਤੇ ਚਾਰ ਜੁਗ ਬਣਾ ਕੇ ਤੂੰ ਚਾਰ ਖਾਣੀਆਂ ਦੀ ਰਾਹੀਂ ਇਸ (ਸ੍ਰਿਸ਼ਟੀ-) ਹਵੇਲੀ ਨੂੰ ਵਸਾ ਦਿੱਤਾ,
51421	1190	ਚਾਰੇ ਦੀਵੇ ਚਹੁ ਹਥਿ ਦੀਏ ਏਕਾ ਏਕਾ ਵਾਰੀ ॥੧॥		Chaarae Dheevae Chahu Hathh Dheeeae Eaekaa Eaekaa Vaaree ||1||	He placed the four lamps, one by one, into the hands of the four ages. ||1||	ਤੂੰ (ਚਾਰ ਵੇਦ-ਰੂਪ) ਚਾਰ ਦੀਵੇ ਚੌਹਾਂ ਜੁਗਾਂ ਦੇ ਹੱਥ ਵਿਚ ਆਪੋ ਆਪਣੀ ਵਾਰੀ ਫੜਾ ਦਿੱਤੇ ॥੧॥

51422	1190	ਮਿਹਰਵਾਨ ਮਧੁਸੂਦਨ ਮਾਧੌ ਐਸੀ ਸਕਤਿ ਤੁਮ੍ਹਾਰੀ॥੧॥ਰਹਾਉ॥		Miharavaan Madhhusoodhan Maadhha Aisee Sakath Thumhaaree ||1|| Rehaao ||	O Merciful Lord, Destroyer of demons, Lord of Lakshmi, such is Your Power - Your Shakti. ||1||Pause||	ਹੇ ਸਭ ਜੀਵਾਂ ਤੇ ਮੇਹਰ ਕਰਨ ਵਾਲੇ! ਹੇ ਦੁਸ਼ਟਾਂ ਦੇ ਨਾਸ ਕਰਨ ਵਾਲੇ! ਹੇ ਮਾਇਆ ਦੇ ਖਸਮ ਪ੍ਰਭੂ! ਤੇਰੀ ਇਹੋ ਜਿਹੀ ਤਾਕਤ ਹੈ (ਕਿ ਜਿਥੇ ਪਹਿਲਾਂ ਹਿੰਦੂ-ਧਰਮ ਦਾ ਰਾਜ ਸੀ ਤੇ ਸਭ ਲੋਕ ਆਪਣੀ ਘਰੋਗੀ ਬੋਲੀ ਵਿਚ ਹੇਂਦਕੇ ਲਫ਼ਜ਼ ਵਰਤਦੇ ਸਨ, ਉਥੇ ਹੁਣ ਤੂੰ ਮੁਸਲਮਾਨੀ ਰਾਜ ਕਰ ਦਿੱਤਾ ਹੈ, ਨਾਲ ਹੀ ਲੋਕਾਂ ਦੀ ਬੋਲੀ ਭੀ ਬਦਲ ਗਈ ਹੈ) ॥੧॥ ਰਹਾਉ ॥
51423	1190	ਘਰਿ ਘਰਿ ਲਸਕਰੁ ਪਾਵਕੁ ਤੇਰਾ ਧਰਮੁ ਕਰੇ ਸਿਕਦਾਰੀ॥		Ghar Ghar Lasakar Paavak Thaeraa Dhharam Karae Sikadhaaree ||	Your army is the fire in the home of each and every heart. And Dharma - righteous living is the ruling chieftain.	ਹਰੇਕ ਸਰੀਰ ਵਿਚ ਤੇਰੀ ਹੀ ਜੋਤਿ ਵਿਆਪਕ ਹੈ, ਇਹ ਸਾਰੇ ਜੀਵ ਤੇਰਾ ਲਸ਼ਕਰ ਹਨ, ਤੇ ਇਹਨਾਂ ਜੀਵਾਂ ਉਤੇ (ਤੇਰਾ ਪੈਦਾ ਕੀਤਾ) ਧਰਮਰਾਜ ਸਰਦਾਰੀ ਕਰਦਾ ਹੈ,
51424	1190	ਧਰਤੀ ਦੇਗ ਮਿਲੈ ਇਕ ਵੇਰਾ ਭਾਗੁ ਤੇਰਾ ਭੰਡਾਰੀ॥੨॥		Dhharathee Dhaeg Milai Eik Vaeraa Bhaag Thaeraa Bhanddaaree ||2||	The earth is Your great cooking pot; Your beings receive their portions only once. Destiny is Your gate-keeper. ||2||	(ਤੂੰ ਇਸ ਲਸ਼ਕਰ ਦੀ ਪਾਲਣਾ ਵਾਸਤੇ) ਧਰਤੀ (-ਰੂਪ) ਦੇਗ ਬਣਾ ਦਿੱਤੀ ਜਿਸ ਵਿਚੋਂ ਇਕੋ ਵਾਰੀ (ਭਾਵ, ਅਖੁੱਟ ਭੰਡਾਰਾ) ਮਿਲਦਾ ਹੈ, ਹਰੇਕ ਜੀਵ ਦਾ ਪ੍ਰਾਰਬਧ ਤੇਰਾ ਭੰਡਾਰਾ ਵਰਤਾ ਰਹੀ ਹੈ ॥੨॥

51425	1190	ਨਾ ਸਾਬੂਰੁ ਹੋਵੈ ਫਿਰਿ ਮੰਗੈ ਨਾਰਦੁ ਕਰੇ ਖੁਆਰੀ॥	(ਸਾਬੂਰੁ) ਸੰਤੋਖ। (ਨਾ) ਰਹਿਤ। (ਨਾਰਦੁ) ਮਨ	Naa Saaboor Hovai Fir Mangai Naaradh Karae Khuaaree ||	But the mortal becomes unsatisfied, and begs for more; his fickle mind brings him disgrace.	(ਹੇ ਪ੍ਰਭੂ! ਤੇਰਾ ਇਤਨਾ ਬੇਅੰਤ ਭੰਡਾਰਾ ਹੁੰਦਿਆਂ ਭੀ ਜੀਵ ਦਾ ਮਨ) ਨਾਰਦ (ਜੀਵ ਵਾਸਤੇ) ਖ਼ੁਆਰੀ ਪੈਦਾ ਕਰਦਾ ਹੈ, ਸਿਦਕ-ਹੀਣਾ ਮਨ ਮੁੜ ਮੁੜ (ਪਦਾਰਥ) ਮੰਗਦਾ ਰਹਿੰਦਾ ਹੈ।
51426	1191	ਲਬੁ ਅਧੇਰਾ ਬੰਦੀਖਾਨਾ ਅਉਗਣ ਪੈਰਿ ਲੁਹਾਰੀ॥੩॥	ਲੱਬੁ। ਅੰਧੇਰਾ	Lab Adhhaeraa Bandheekhaanaa Aougan Pair Luhaaree ||3||	Greed is the dark dungeon, and demerits are the shackles on his feet. ||3||	ਲੱਬ ਜੀਵ ਵਾਸਤੇ ਹਨੇਰਾ ਕੈਦਖ਼ਾਨਾ ਬਣਿਆ ਪਿਆ ਹੈ, ਤੇ ਇਸ ਦੇ ਆਪਣੇ ਕਮਾਏ ਪਾਪ ਇਸ ਦੇ ਪੈਰ ਵਿਚ ਲੋਹੇ ਦੀ ਬੇੜੀ ਬਣੇ ਪਏ ਹਨ ॥੩॥
51427	1191	ਪੂੰਜੀ ਮਾਰ ਪਵੈ ਨਿਤ ਮੁਦਗਰ ਪਾਪੁ ਕਰੇ ਕੋਟਵਾਰੀ॥	ਕੋ: ਹੋੜੇ ਔਂਕੜ ਵਿਚਾਲੇ ਬੋਲੋ	Poonjee Maar Pavai Nith Mudhagar Paap Karae Kuottavaaree ||	His wealth constantly batters him, and sin acts as the police officer.	(ਇਸ ਲੱਬ ਦੇ ਕਾਰਨ) ਜੀਵ ਦਾ ਸਰਮਾਇਆ ਇਹ ਹੈ ਕਿ ਇਸ ਨੂੰ, ਮਾਨੋ, ਨਿੱਤ ਮੁਹਲਿਆਂ ਦੀ ਮਾਰ ਪੈ ਰਹੀ ਹੈ, ਤੇ ਇਸ ਦਾ ਆਪਣਾ ਕਮਾਇਆ ਪਾਪ (-ਜੀਵਨ) ਇਸ ਦੇ ਸਿਰ ਉਤੇ ਕੁਤਵਾਲੀ ਕਰ ਰਿਹਾ ਹੈ।

51428	1191	ਭਾਵੈ ਚੰਗਾ ਭਾਵੈ ਮੰਦਾ ਜੈਸੀ ਨਦਰਿ ਤੁਮ੍ਹਾਰੀ॥੪॥		Bhaavai Changaa Bhaavai Mandhaa Jaisee Nadhar Thumhaaree ||4||	Whether the mortal is good or bad, he is as You look upon him, O Lord. ||4||	ਪਰ ਹੇ ਪ੍ਰਭੂ! (ਜੀਵ ਦੇ ਕੀਹ ਵੱਸ?) ਜਿਹੋ ਜਿਹੀ ਤੇਰੀ ਨਿਗਾਹ ਹੋਵੇ ਉਹੋ ਜਿਹਾ ਜੀਵ ਬਣ ਜਾਂਦਾ ਹੈ, ਤੈਨੂੰ ਭਾਵੈ ਤਾਂ ਚੰਗਾ, ਤੈਨੂੰ ਭਾਵੈ ਤਾਂ ਮੰਦਾ ਬਣ ਜਾਂਦਾ ਹੈ (ਇਹ ਸੀ ਲੋਕਾਂ ਦੀ ਬੋਲੀ ਜੋ ਹਿੰਦੂ-ਰਾਜ ਸਮੇ ਆਮ ਤੌਰ ਤੇ ਵਰਤੀ ਜਾਂਦੀ ਸੀ) ॥੪॥
51429	1191	ਆਦਿ ਪੁਰਖ ਕਉ ਅਲਹੁ ਕਹੀਐ ਸੇਖਾਂ ਆਈ ਵਾਰੀ॥		Aadh Purakh Ko Alahu Keheeai Saekhaan Aaee Vaaree ||	The Primal Lord God is called Allah. The Shaykh's turn has now come.	ਪਰ ਹੁਣ ਮੁਸਲਮਾਨੀ ਰਾਜ ਦਾ ਸਮਾ ਹੈ। (ਜਿਸ ਨੂੰ ਪਹਿਲਾਂ ਹੇਂਦਕੀ ਬੋਲੀ ਵਿਚ) 'ਆਦਿ ਪੁਰਖ' ਆਖਿਆ ਜਾਂਦਾ ਸੀ ਹੁਣ ਉਸ ਨੂੰ ਅੱਲਾ ਆਖਿਆ ਜਾ ਰਿਹਾ ਹੈ।
51430	1191	ਦੇਵਲ ਦੇਵਤਿਆ ਕਰੁ ਲਾਗਾ ਐਸੀ ਕੀਰਤਿ ਚਾਲੀ॥੫॥	(ਦੇਵਲ) ਮੰਦਰ। ਦੇਵਤਿਆਂ ਦੀਆਂ ਮੂਰਤਾਂ। (ਕਰੁ) ਟੈਕਸ। ਚੱਾਲੀ	Dhaeval Dhaevathiaa Kar Laagaa Aisee Keerath Chaalee ||5||	The temples of the gods are subject to taxes; this is what it has come to. ||5||	ਹੁਣ ਇਹ ਰਿਵਾਜ ਚੱਲ ਪਿਆ ਹੈ ਕਿ (ਹਿੰਦੂ ਜਿਨ੍ਹਾਂ ਮੰਦਰਾਂ ਵਿਚ ਦੇਵਤਿਆਂ ਦੀ ਪੂਜਾ ਕਰਦੇ ਹਨ, ਉਹਨਾਂ) ਦੇਵ-ਮੰਦਰਾਂ ਉਤੇ ਟੈਕਸ ਲਾਇਆ ਜਾ ਰਿਹਾ ਹੈ ॥੫॥
51431	1191	ਕੂਜਾ ਬਾਂਗ ਨਿਵਾਜ ਮੁਸਲਾ ਨੀਲ ਰੂਪ ਬਨਵਾਰੀ॥	ਕੂੱਜਾ।ਮੁ-ਸੱਲਾ	Koojaa Baang Nivaaj Musalaa Neel Roop Banavaaree ||	The Muslim devotional pots, calls to prayer, prayers and prayer mats are everywhere; the Lord appears in blue robes.	ਹੁਣ ਲੋਟਾ, ਬਾਂਗ, ਨਿਮਾਜ਼, ਮੁਸੱਲਾ (ਪ੍ਰਧਾਨ ਹਨ), ਪਰਮਾਤਮਾ ਦੀ ਬੰਦਗੀ ਕਰਨ ਵਾਲਿਆਂ ਨੇ ਨੀਲਾ ਬਾਣਾ ਪਹਿਨਿਆ ਹੋਇਆ ਹੈ।

51432	1191	ਘਰਿ ਘਰਿ ਮੀਆ ਸਭਨਾਂ ਜੀਆਂ ਬੋਲੀ ਅਵਰ ਤੁਮਾਰੀ॥੬॥		Ghar Ghar Meeaa Sabhanaan Jeeaaan Bolee Avar Thumaaree ||6||	In each and every home, everyone uses Muslim greetings; your speech has changed, O people. ||6||	ਹੁਣ ਤੇਰੀ (ਭਾਵ, ਤੇਰੇ ਬੰਦਿਆਂ ਦੀ) ਬੋਲੀ ਹੀ ਹੋਰ ਹੋ ਗਈ ਹੈ, ਹਰੇਕ ਘਰ ਵਿਚ ਸਭ ਜੀਵਾਂ ਦੇ ਮੂੰਹ ਵਿਚ (ਲਫ਼ਜ਼ 'ਪਿਤਾ' ਦੇ ਥਾਂ) ਲਫ਼ਜ਼ 'ਮੀਆਂ' ਪ੍ਰਧਾਨ ਹੈ ॥੬॥
51433	1191	ਜੇ ਤੂ ਮੀਰ ਮਹੀਪਤਿ ਸਾਹਿਬੁ ਕੁਦਰਤਿ ਕਉਣ ਹਮਾਰੀ॥	ਮਹੀ-ਪਤਿ	Jae Thoo Meer Meheepath Saahib Kudharath Koun Hamaaree ||	You, O my Lord and Master, are the King of the earth; what power do I have to challenge You?	ਹੇ ਪਾਤਿਸ਼ਾਹ! ਤੂੰ ਧਰਤੀ ਦਾ ਖਸਮ ਹੈਂ, ਮਾਲਕ ਹੈਂ, ਜੇ ਤੂੰ (ਇਹੀ ਪਸੰਦ ਕਰਦਾ ਹੈਂ ਕਿ ਇਥੇ ਇਸਲਾਮੀ ਰਾਜ ਹੋ ਜਾਏ) ਤਾਂ ਸਾਡੀ ਜੀਵਾਂ ਦੀ ਕੀਹ ਤਾਕਤ ਹੈ (ਕਿ ਗਿਲਾ ਕਰ ਸਕੀਏ)?
51434	1191	ਚਾਰੇ ਕੁੰਟ ਸਲਾਮੁ ਕਰਹਿਗੇ ਘਰਿ ਘਰਿ ਸਿਫਤਿ ਤੁਮ੍ਹਾਰੀ॥੭॥		Chaarae Kuntt Salaam Karehigae Ghar Ghar Sifath Thumhaaree ||7||	In the four directions, people bow in humble adoration to You; Your Praises are sung in each and every heart. ||7||	ਚਹੁੰ ਕੂਟਾਂ ਦੇ ਜੀਵ, ਹੇ ਪਾਤਿਸਾਹ! ਤੈਨੂੰ ਸਲਾਮ ਕਰਦੇ ਹਨ (ਤੇਰੇ ਅੱਗੇ ਹੀ ਨਿਉਂਦੇ ਹਨ) ਹਰੇਕ ਘਰ ਵਿਚ ਤੇਰੀ ਹੀ ਸਿਫ਼ਤ-ਸਾਲਾਹ ਹੋ ਰਹੀ ਹੈ (ਤੇਰੇ ਅੱਗੇ ਹੀ ਤੇਰੇ ਪੈਦਾ ਕੀਤੇ ਬੰਦੇ ਆਪਣੀਆਂ ਤਕਲੀਫ਼ਾਂ ਦੱਸ ਸਕਦੇ ਹਨ ॥੭॥

51435	1191	ਤੀਰਥ ਸਿੰਮ੍ਰਿਤਿ ਪੁੰਨ ਦਾਨ ਕਿਛੁ ਲਾਹਾ ਮਿਲੈ ਦਿਹਾੜੀ॥	ਸਿੰਮ੍ਰਿਤਿ: ਮੰਮਾ ਮੁਕਤਾ, ਅੱਧਾ ਰਾਰਾ: ਪੋਲਾ ਬੋਲੋ, ਅੱਧੇ ਰਾਰੇ, ਤੱਤੇ ਸਿਹਾਰੀਆਂ ਲਾਉ	Theerathh Sinmrith Punn Dhaan Kishh Laahaa Milai Dhihaarree ||	Making pilgrimages to sacred shrines, reading the Simritees and giving donations in charity - these do bring any profit.	(ਪਰ ਤੀਰਥਾਂ ਮੰਦਰਾਂ ਆਦਿਕ ਉਤੇ ਰੋਕ ਤੇ ਗਿਲੇ ਦੀ ਭੀ ਲੋੜ ਨਹੀਂ ਕਿਉਂਕਿ) ਤੀਰਥਾਂ ਦੇ ਇਸ਼ਨਾਨ, ਸਿੰਮ੍ਰਿਤੀਆਂ ਦੇ ਪਾਠ ਤੇ ਦਾਨ ਪੁੰਨ ਆਦਿਕ ਦਾ ਜੇ ਕੋਈ ਲਾਭ ਹੈ ਤਾਂ ਉਹ (ਤਿਲ-ਮਾਤ੍ਰ ਹੀ ਹੈ) ਥੋੜੀ ਕੁ ਮਜ਼ਦੂਰੀ ਵਜੋਂ ਹੀ ਹੈ।
51436	1191	ਨਾਨਕ ਨਾਮੁ ਮਿਲੈ ਵਡਿਆਈ ਮੇਕਾ ਘੜੀ ਸਮ੍ਹਾਲੀ॥੮॥੧॥੮॥		Naanak Naam Milai Vaddiaaee Maekaa Gharree Samhaalee ||8||1||8||	O Nanak, glorious greatness is obtained in an instant, remembering the Naam, the Name of the Lord. ||8||1||8||	ਹੇ ਨਾਨਕ! ਜੇ ਕੋਈ ਮਨੁੱਖ ਪਰਮਾਤਮਾ ਦਾ ਨਾਮ ਇਕ ਘੜੀ-ਮਾਤ੍ਰ ਹੀ ਚੇਤੇ ਕਰੇ ਤਾਂ ਉਸ ਨੂੰ (ਲੋਕ ਪਰਲੋਕ ਵਿਚ) ਆਦਰ ਮਿਲਦਾ ਹੈ ॥੮॥੧॥੮॥
51437	1191	ਬਸੰਤੁ ਹਿੰਡੋਲੁ ਘਰੁ ੨ ਮਹਲਾ ੪		Basanth Hinddol Ghar 2 Mehalaa 4	Basant Hindol, Second House, Fourth Mehl:	ਰਾਗ ਬਸੰਤੁ/ਹਿੰਡੋਲ, ਘਰ ੨ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
51438	1191	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

51439	1191	ਕਾਂਇਆ ਨਗਰਿ ਇਕੁ ਬਾਲਕੁ ਵਸਿਆ ਖਿਨੁ ਪਲੁ ਥਿਰੁ ਨ ਰਹਾਈ॥		Kaaneiaa Nagar Eik Baalak Vasiaa Khin Pal Thhir N Rehaaee ||	Within the body-village there lives a child who cannot hold still, even for an instant.	ਸਰੀਰ-ਨਗਰ ਵਿਚ (ਇਹ ਮਨ) ਇਕ (ਅਜਿਹਾ) ਅੰਞਾਣ ਬਾਲ ਵੱਸਦਾ ਹੈ ਜੋ ਰਤਾ ਭਰ ਸਮੇ ਲਈ ਭੀ ਟਿਕਿਆ ਨਹੀਂ ਰਹਿ ਸਕਦਾ।
51440	1191	ਅਨਿਕ ਉਪਾਵ ਜਤਨ ਕਰਿ ਥਾਕੇ ਬਾਰੰ ਬਾਰ ਭਰਮਾਈ॥੧॥		Anik Oupaav Jathan Kar Thhaakae Baaran Baar Bharamaaee ||1||	It makes so many efforts, and grows weary, but still, it wanders restlessly again and again. ||1||	(ਇਸ ਨੂੰ ਟਿਕਾਣ ਵਾਸਤੇ ਲੋਕ) ਅਨੇਕਾਂ ਹੀਲੇ ਅਨੇਕਾਂ ਜਤਨ ਕਰ ਕੇ ਥੱਕ ਜਾਂਦੇ ਹਨ, ਪਰ (ਇਹ ਮਨ) ਮੁੜ ਮੁੜ ਭਟਕਦਾ ਫਿਰਦਾ ਹੈ ॥੧॥
51441	1191	ਮੇਰੇ ਠਾਕੁਰ ਬਾਲਕੁ ਇਕਤੁ ਘਰਿ ਆਣੁ॥		Maerae Thaakur Baalak Eikath Ghar Aan ||	O my Lord and Master, Your child has come home, to be one with You.	ਹੇ ਮੇਰੇ ਮਾਲਕ! (ਅਸਾਂ ਜੀਵਾਂ ਦੇ ਇਸ) ਅੰਞਾਣ ਮਨ ਨੂੰ ਤੂੰ ਹੀ ਇੱਕ ਟਿਕਾਣੇ ਤੇ ਲਿਆ (ਤੇਰੀ ਮਿਹਰ ਨਾਲ ਹੀ ਮਨ ਭਟਕਣੋਂ ਹਟ ਕੇ ਟਿਕ ਸਕਦਾ ਹੈ)।
51442	1191	ਸਤਿਗੁਰੁ ਮਿਲੈ ਤ ਪੂਰਾ ਪਾਈਐ ਭਜੁ ਰਾਮ ਨਾਮੁ ਨੀਸਾਣੁ॥੧॥ਰਹਾਉ॥		Sathigur Milai Th Pooraa Paaeeai Bhaj Raam Naam Neesaan ||1|| Rehaao ||	Meeting the True Guru, he finds the Perfect Lord. Meditating and vibrating on the Name of the Lord, he receives the Insignia of the Lord. ||1||Pause||	ਜਦੋਂ ਗੁਰੂ ਮਿਲਦਾ ਹੈ ਤਦੋਂ ਪੂਰਨ ਪਰਮਾਤਮਾ ਮਿਲ ਪੈਂਦਾ ਹੈ (ਤਦੋਂ ਮਨ ਭੀ ਟਿਕ ਜਾਂਦਾ ਹੈ)। (ਇਸ ਵਾਸਤੇ, ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਜਪਿਆ ਕਰ (ਇਹ ਹਰਿ ਨਾਮ ਹੀ ਪਰਮਾਤਮਾ ਦੇ ਦਰ ਤੇ ਪਹੁੰਚਣ ਲਈ) ਰਾਹਦਾਰੀ ਹੈ ॥੧॥ ਰਹਾਉ ॥

51443	1191	ਇਹੁ ਮਿਰਤਕੁ ਮੜਾ ਸਰੀਰੁ ਹੈ ਸਭੁ ਜਗੁ ਜਿਤੁ ਰਾਮ ਨਾਮੁ ਨਹੀ ਵਸਿਆ॥		Eihu Mirathak Marraa Sareer Hai Sabh Jag Jith Raam Naam Nehee Vasiaa ||	These are dead corpses, these bodies of all the people of the world; the Name of the Lord does not dwell in them.	ਜੇ ਇਸ (ਸਰੀਰ) ਵਿਚ ਪਰਮਾਤਮਾ ਦਾ ਨਾਮ ਨਹੀਂ ਵੱਸਿਆ, ਤਾਂ ਇਹ ਮੁਰਦਾ ਹੈ ਤਾਂ ਇਹ ਨਿਰਾ ਮਿੱਟੀ ਦਾ ਢੇਰ ਹੀ ਹੈ। ਸਾਰਾ ਜਗਤ ਹੀ ਨਾਮ ਤੋਂ ਬਿਨਾ ਮੁਰਦਾ ਹੈ।
51444	1191	ਰਾਮ ਨਾਮੁ ਗੁਰਿ ਉਦਕੁ ਚੁਆਇਆ ਫਿਰਿ ਹਰਿਆ ਹੋਆ ਰਸਿਆ॥੨॥		Raam Naam Gur Oudhak Chuaaeiaa Fir Hariaa Hoaa Rasiaa ||2||	The Guru leads us to taste the water of the Lord's Name, and then we savor and enjoy it, and our bodies are rejuvenated. ||2||	ਪਰਮਾਤਮਾ ਦਾ ਨਾਮ (ਆਤਮਕ ਜੀਵਨ ਦੇਣ ਵਾਲਾ) ਜਲ ਹੈ, ਗੁਰੂ ਨੇ (ਜਿਸ ਮਨੁੱਖ ਦੇ ਮੂੰਹ ਵਿਚ ਇਹ ਨਾਮ-) ਜਲ ਚੋ ਦਿੱਤਾ, ਉਹ ਮਨੁੱਖ ਮੁੜ ਆਤਮਕ ਜੀਵਨ ਵਾਲਾ ਹੋ ਗਿਆ, ਉਹ ਮਨੁੱਖ ਆਤਮਕ ਤਰਾਵਤ ਵਾਲਾ ਹੋ ਗਿਆ ॥੨॥
51445	1191	ਮੈ ਨਿਰਖਤ ਨਿਰਖਤ ਸਰੀਰੁ ਸਭੁ ਖੋਜਿਆ ਇਕੁ ਗੁਰਮੁਖਿ ਚਲਤੁ ਦਿਖਾਇਆ॥		Mai Nirakhath Nirakhath Sareer Sabh Khojiaa Eik Guramukh Chalath Dhikhaaeiaa ||	I have examined and studied and searched my entire body, and as Gurmukh, I behold a miraculous wonder.	ਗੁਰੂ ਨੇ (ਮੈਨੂੰ) ਇਕ ਅਜਬ ਤਮਾਸ਼ਾ ਵਿਖਾਇਆ ਹੈ, ਮੈਂ ਬੜੇ ਗਹੁ ਨਾਲ ਆਪਣਾ ਸਾਰਾ ਸਰੀਰ (ਹੀ) ਖੋਜਿਆ ਹੈ।

51446	1191	ਬਾਹਰੁ ਖੋਜਿ ਮੁਏ ਸਭਿ ਸਾਕਤ ਹਰਿ ਗੁਰਮਤੀ ਘਰਿ ਪਾਇਆ ॥੩॥		Baahar Khoj Mueae Sabh Saakath Har Guramathee Ghar Paaeiaa ||3||	All the faithless cynics searched outside and died, but following the Guru's Teachings, I have found the Lord within the home of my own heart. ||3||	ਪਰਮਾਤਮਾ ਤੋਂ ਟੁੱਟੇ ਹੋਏ ਸਾਰੇ ਮਨੁੱਖ ਦੁਨੀਆ ਢੂੰਢ ਢੂੰਢ ਕੇ ਆਤਮਕ ਮੌਤ ਸਹੇੜ ਲੈਂਦੇ ਹਨ। ਗੁਰੂ ਦੀ ਮੱਤ ਉੱਤੇ ਤੁਰ ਕੇ ਮੈਂ ਆਪਣੇ ਹਿਰਦੇ-ਘਰ ਵਿਚ ਹੀ ਪਰਮਾਤਮਾ ਨੂੰ ਲੱਭ ਲਿਆ ਹੈ ॥੩॥
51447	1191	ਦੀਨਾ ਦੀਨ ਦਇਆਲ ਭਏ ਹੈ ਜਿਉ ਕ੍ਰਿਸਨੁ ਬਿਦਰ ਘਰਿ ਆਇਆ॥		Dheenaa Dheen Dhaeiaal Bheae Hai Jio Kirasan Bidhar Ghar Aaeiaa ||	God is Merciful to the meekest of the meek; Krishna came to the house of Bidar, a devotee of low social status.	ਪਰਮਾਤਮਾ ਵੱਡੇ ਵੱਡੇ ਗਰੀਬਾਂ ਉੱਤੇ (ਸਦਾ) ਦਇਆਵਾਨ ਹੁੰਦਾ ਆਇਆ ਹੈ ਜਿਵੇਂ ਕਿ ਕ੍ਰਿਸ਼ਨ (ਗਰੀਬ) ਬਿਦਰ ਦੇ ਘਰ ਆਇਆ ਸੀ।
51448	1191	ਮਿਲਿਓ ਸੁਦਾਮਾ ਭਾਵਨੀ ਧਾਰਿ ਸਭੁ ਕਿਛੁ ਆਗੈ ਦਾਲਦੁ ਭੰਜਿ ਸਮਾਇਆ॥੪॥		Miliou Sudhaamaa Bhaavanee Dhhaar Sabh Kishh Aagai Dhaaladh Bhanj Samaaeiaa ||4||	Sudama loved God, who came to meet him; God sent everything to his home, and ended his poverty. ||4||	ਤੇ, ਜਦੋਂ (ਗਰੀਬ) ਸੁਦਾਮਾ ਸਰਧਾ ਧਾਰ ਕੇ (ਕ੍ਰਿਸ਼ਨ ਜੀ ਨੂੰ) ਮਿਲਿਆ ਸੀ, ਤਾਂ (ਵਾਪਸ ਉਸ ਦੇ ਆਪਣੇ ਘਰ ਪਹੁੰਚਣ ਤੋਂ) ਪਹਿਲਾਂ ਹੀ ਉਸ ਦੀ ਗਰੀਬੀ ਦੂਰ ਕਰ ਕੇ ਹਰੇਕ ਪਦਾਰਥ (ਉਸ ਦੇ ਘਰ) ਪਹੁੰਚ ਚੁਕਾ ਸੀ ॥੪॥

51449	1191	ਰਾਮ ਨਾਮ ਕੀ ਪੈਜ ਵਡੇਰੀ ਮੇਰੇ ਠਾਕੁਰਿ ਆਪਿ ਰਖਾਈ॥		Raam Naam Kee Paij Vaddaeree Maerae Thaakur Aap Rakhaaee ||	Great is the glory of the Name of the Lord. My Lord and Master Himself has enshrined it within me.	ਪਰਮਾਤਮਾ ਦਾ ਨਾਮ (ਜਪਣ ਵਾਲਿਆਂ) ਦੀ ਬਹੁਤ ਜ਼ਿਆਦਾ ਇੱਜ਼ਤ (ਲੋਕ ਪਰਲੋਕ ਵਿਚ ਹੁੰਦੀ) ਹੈ। ਭਗਤਾਂ ਦੀ ਇਹ ਇੱਜ਼ਤ ਸਦਾ ਤੋਂ ਹੀ) ਮਾਲਕ-ਪ੍ਰਭੂ ਨੇ ਆਪ (ਹੀ) ਬਚਾਈ ਹੋਈ ਹੈ।
51450	1191	ਜੇ ਸਭਿ ਸਾਕਤ ਕਰਹਿ ਬਖੀਲੀ ਇਕ ਰਤੀ ਤਿਲੁ ਨ ਘਟਾਈ॥੫॥		Jae Sabh Saakath Karehi Bakheelee Eik Rathee Thil N Ghattaaee ||5||	Even if all the faithless cynics continue slandering me, it is not diminished by even one iota. ||5||	ਪਰਮਾਤਮਾ ਤੋਂ ਟੁੱਟੇ ਹੋਏ ਜੇ ਸਾਰੇ ਬੰਦੇ (ਰਲ ਕੇ ਭੀ ਭਗਤ ਜਨਾਂ ਦੀ) ਨਿੰਦਿਆ ਕਰਨ, (ਤਾਂ ਭੀ ਪਰਮਾਤਮਾ ਉਹਨਾਂ ਦੀ ਇੱਜ਼ਤ) ਰਤਾ ਭਰ ਭੀ ਘਟਣ ਨਹੀਂ ਦੇਂਦਾ ॥੫॥
51451	1191	ਜਨ ਕੀ ਉਸਤਤਿ ਹੈ ਰਾਮ ਨਾਮਾ ਦਹ ਦਿਸਿ ਸੋਭਾ ਪਾਈ॥		Jan Kee Ousathath Hai Raam Naamaa Dheh Dhis Sobhaa Paaee ||	The Lord's Name is the praise of His humble servant. It brings him honor in the ten directions.	ਪਰਮਾਤਮਾ ਦਾ ਨਾਮ (ਜਪਣ ਦਾ ਸਦਕਾ ਹੀ ਪਰਮਾਤਮਾ ਦੇ) ਸੇਵਕ ਦੀ (ਲੋਕ-ਪਰਲੋਕ ਵਿਚ) ਸੋਭਾ ਹੁੰਦੀ ਹੈ, (ਸੇਵਕ ਨਾਮ ਦੀ ਬਰਕਤਿ ਨਾਲ) ਹਰ ਪਾਸੇ ਸੋਭਾ ਖੱਟਦਾ ਹੈ।

51452	1191	ਨਿੰਦਕੁ ਸਾਕਤੁ ਖਵਿ ਨ ਸਕੈ ਤਿਲੁ ਅਪਨੈ ਘਰਿ ਲੂਕੀ ਲਾਈ॥੬॥	(ਖਵਿ) ਸਹਾਰ ਨਹੀਂ। (ਸਕੈ) ਸਕਦੇ। (ਲੂਕੀ) ਚੁਆਤੀ	Nindhak Saakath Khav N Sakai Thil Apanai Ghar Lookee Laaee ||6||	The slanderers and the faithless cynics cannot endure it at all; they have set fire to their own houses. ||6||	ਪਰ ਪਰਮਾਤਮਾ ਨਾਲੋਂ ਟੁੱਟਾ ਹੋਇਆ ਨਿੰਦਕ ਮਨੁੱਖ (ਸੇਵਕ ਦੀ ਹੋ ਰਹੀ ਸੋਭਾ ਨੂੰ) ਰਤਾ ਭਰ ਭੀ ਜਰ ਨਹੀਂ ਸਕਦਾ (ਇਸ ਤਰ੍ਹਾਂ ਉਹ ਨਿੰਦਕ ਸੇਵਕ ਦਾ ਤਾਂ ਕੁਝ ਨਹੀਂ ਵਿਗਾੜ ਸਕਦਾ, ਉਹ) ਆਪਣੇ ਹਿਰਦੇ-ਘਰ ਵਿਚ (ਹੀ ਈਰਖਾ ਤੇ ਸਾੜੇ ਦੀ) ਚੁਆਤੀ ਲਾਈ ਰੱਖਦਾ ਹੈ (ਨਿੰਦਕ ਆਪ ਹੀ ਅੰਦਰੇ ਅੰਦਰ ਸੜਦਾ-ਭੁੱਜਦਾ ਰਹਿੰਦਾ ਹੈ) ॥੬॥
51453	1191	ਜਨ ਕਉ ਜਨੁ ਮਿਲਿ ਸੋਭਾ ਪਾਵੈ ਗੁਣ ਮਹਿ ਗੁਣ ਪਰਗਾਸਾ॥		Jan Ko Jan Mil Sobhaa Paavai Gun Mehi Gun Paragaasaa ||	The humble person meeting with another humble person obtains honor. In the glory of the Lord, their glory shines forth.	(ਨਿੰਦਕ ਤਾਂ ਅੰਦਰੇ ਅੰਦਰ ਸੜਦਾ ਹੈ, ਦੂਜੇ ਪਾਸੇ) ਪਰਮਾਤਮਾ ਦਾ ਭਗਤ ਪ੍ਰਭੂ ਦੇ ਭਗਤ ਨੂੰ ਮਿਲ ਕੇ ਸੋਭਾ ਖੱਟਦਾ ਹੈ, ਉਸ ਦੇ ਆਤਮਕ ਗੁਣਾਂ ਵਿਚ (ਭਗਤ-ਜਨ ਨੂੰ ਮਿਲ ਕੇ) ਹੋਰ ਗੁਣਾਂ ਦਾ ਵਾਧਾ ਹੁੰਦਾ ਹੈ।
51454	1191	ਮੇਰੇ ਠਾਕੁਰ ਕੇ ਜਨ ਪ੍ਰੀਤਮ ਪਿਆਰੇ ਜੋ ਹੋਵਹਿ ਦਾਸਨਿ ਦਾਸਾ॥੭॥		Maerae Thaakur Kae Jan Preetham Piaarae Jo Hovehi Dhaasan Dhaasaa ||7||	The servants of my Lord and Master are loved by the Beloved. They are the slaves of His slaves. ||7||	ਜਿਹੜੇ ਮਨੁੱਖ ਪਰਮਾਤਮਾ ਦੇ ਦਾਸਾਂ ਦੇ ਦਾਸ ਬਣਦੇ ਹਨ, ਉਹ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ ॥੭॥

51455	1191	ਆਪੇ ਜਲੁ ਅਪਰੰਪਰੁ ਕਰਤਾ ਆਪੇ ਮੇਲਿ ਮਿਲਾਵੈ॥	ਅਪ-ਰੰਪਰੁ	Aapae Jal Aparanpar Karathaa Aapae Mael Milaavai ||	The Creator Himself is the Water; He Himself unites us in His Union.	(ਪਰਮਾਤਮਾ ਸਭਨਾਂ ਉਤੇ ਦਇਆ ਕਰਨ ਵਾਲਾ ਹੈ। ਉਹ ਸਾਕਤ ਨਿੰਦਕ ਨੂੰ ਭੀ ਬਚਾਣ ਵਾਲਾ ਹੈ। ਸਾਕਤ ਨਿੰਦਕ ਦੇ ਅੰਦਰ ਦੀ ਈਰਖਾ ਦੀ ਅੱਗ ਬੁਝਾਣ ਲਈ) ਉਹ ਬੇਅੰਤ ਕਰਤਾਰ ਆਪ ਹੀ ਜਲ ਹੈ, ਉਹ ਆਪ ਹੀ (ਨਿੰਦਕ ਨੂੰ ਭੀ ਗੁਰੂ ਦੀ) ਸੰਗਤ ਵਿਚ (ਲਿਆ) ਜੋੜਦਾ ਹੈ।
51456	1191	ਨਾਨਕ ਗੁਰਮੁਖਿ ਸਹਜਿ ਮਿਲਾਏ ਜਿਉ ਜਲੁ ਜਲਹਿ ਸਮਾਵੈ॥੮॥੧॥੯॥		Naanak Guramukh Sehaj Milaaeae Jio Jal Jalehi Samaavai ||8||1||9||	O Nanak, the Gurmukh is absorbed in celestial peace and poise, like water blending with water. ||8||1||9||	ਹੇ ਨਾਨਕ! ਪਰਮਾਤਮਾ ਗੁਰੂ ਦੀ ਸਰਨ ਪਾ ਕੇ (ਨਿੰਦਕ ਨੂੰ ਭੀ) ਆਤਮਕ ਅਡੋਲਤਾ ਵਿਚ (ਇਉਂ) ਮਿਲਾ ਦੇਂਦਾ ਹੈ ਜਿਵੇਂ ਪਾਣੀ ਪਾਣੀ ਵਿਚ ਮਿਲ ਜਾਂਦਾ ਹੈ ॥੮॥੧॥੯॥
51457	1192	ਬਸੰਤੁ ਮਹਲਾ ੫ ਘਰੁ ੧ ਦੁਤੁਕੀਆ	ਦੁ-ਤੁਕੀਆਂ	Basanth Mehalaa 5 Ghar 1 Dhuthukeeaa	Basant, Fifth Mehl, First House, Du-Tukee:	ਰਾਗ ਬਸੰਤੁ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਤੁਕੀ ਬਾਣੀ।
51458	1192	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
51459	1192	ਸੁਣਿ ਸਾਖੀ ਮਨ ਜਪਿ ਪਿਆਰ॥		Sun Saakhee Man Jap Piaar ||	Listen to the stories of the devotees, O my mind, and meditate with love.	ਹੇ (ਮੇਰੇ) ਮਨ! (ਗੁਰੂ ਦੀ) ਸਿੱਖਿਆ ਸੁਣ ਕੇ ਪ੍ਰੇਮ ਨਾਲ (ਪਰਮਾਤਮਾ ਦਾ ਨਾਮ) ਜਪਿਆ ਕਰ।

51460	1192	ਅਜਾਮਲੁ ਉਧਰਿਆ ਕਹਿ ਏਕ ਬਾਰ॥	ਅਜਾ-ਮੱਲ	Ajaamal Oudhhariaa Kehi Eaek Baar ||	Ajaamal uttered the Lord's Name once, and was saved.	ਅਜਾਮਲ (ਪ੍ਰਭੂ ਦਾ ਨਾਮ) ਜਪ ਕੇ ਸਦਾ ਲਈ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਗਿਆ।
51461	1192	ਬਾਲਮੀਕੈ ਹੋਆ ਸਾਧਸੰਗੁ॥		Baalameekai Hoaa Saadhhasang ||	Baalmeek found the Saadh Sangat, the Company of the Holy.	ਬਾਲਮੀਕ ਨੂੰ ਗੁਰੂ ਦੀ ਸੰਗਤ ਪ੍ਰਾਪਤ ਹੋਈ (ਉਸ ਨੇ ਭੀ ਹਰਿ-ਨਾਮ ਜਪਿਆ, ਤੇ, ਉਸ ਦਾ ਪਾਰ-ਉਤਾਰਾ ਹੋ ਗਿਆ)।
51462	1192	ਧ੍ਰੂ ਕਉ ਮਿਲਿਆ ਹਰਿ ਨਿਸੰਗ॥੧॥		Dhhroo Ko Miliaa Har Nisang ||1||	The Lord definitely met Dhroo. ||1||	(ਨਾਮ ਜਪਣ ਦੀ ਹੀ ਬਰਕਤਿ ਨਾਲ) ਧ੍ਰੂ ਨੂੰ ਪਰਮਾਤਮਾ ਪ੍ਰਤੱਖ ਹੋ ਕੇ ਮਿੱਲ ਪਿਆ ॥੧॥
51463	1192	ਤੇਰਿਆ ਸੰਤਾ ਜਾਚਉ ਚਰਨ ਰੇਨ॥		Thaeriaa Santhaa Jaacho Charan Raen ||	I beg for the dust of the feet of Your Saints.	ਹੇ ਪ੍ਰਭੂ! ਮੈਂ ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ,
51464	1192	ਲੇ ਮਸਤਕਿ ਲਾਵਉ ਕਰਿ ਕ੍ਰਿਪਾ ਦੇਨ॥੧॥ ਰਹਾਉ॥		Lae Masathak Laavo Kar Kirapaa Dhaen ||1|| Rehaao ||	Please bless me with Your Mercy, Lord, that I may apply it to my forehead. ||1||Pause||	ਦੇਣ ਦੀ ਕਿਰਪਾ ਕਰ (ਉਹ ਚਰਨ-ਧੂੜ ਲੈ ਕੇ) ਮੈਂ ਆਪਣੇ ਮੱਥੇ ਤੇ ਲਾਵਾਂਗਾ ॥੧॥ ਰਹਾਉ ॥

51465	1192	ਗਨਿਕਾ ਉਧਰੀ ਹਰਿ ਕਹੈ ਤੋਤ॥	ਗਨਿ-ਕਾ, ਉਧ-ਰੀ	Ganikaa Oudhharee Har Kehai Thoth ||	Ganika the prostitute was saved, when her parrot uttered the Lord's Name.	ਹੇ (ਮੇਰੇ) ਮਨ! (ਜਿਉਂ ਜਿਉਂ) ਤੋਤਾ ਰਾਮ-ਨਾਮ ਉਚਾਰਦਾ ਸੀ (ਉਸ ਨੂੰ ਰਾਮ-ਨਾਮ ਸਿਖਾਲਣ ਲਈ ਗਨਿਕਾ ਭੀ ਰਾਮ-ਨਾਮ ਉਚਾਰਦੀ ਸੀ, ਤੇ, ਨਾਮ ਸਿਮਰਨ ਦੀ ਬਰਕਤਿ ਨਾਲ) ਗਨਿਕਾ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਗਈ।
51466	1192	ਗਜਇੰਦ੍ਰ ਧਿਆਇਓ ਹਰਿ ਕੀਓ ਮੋਖ॥	ਗਜ-ਇੰਦ੍ਰ	Gajaeindhr Dhhiaaeiou Har Keeou Mokh ||	The elephant meditated on the Lord, and was saved.	(ਸਰਾਪ ਦੇ ਕਾਰਨ ਗੰਧਰਬ ਤੋਂ ਬਣੇ ਹੋਏ) ਵੱਡੇ ਹਾਥੀ ਨੇ (ਸਰੋਵਰ ਵਿਚ ਤੰਦੂਏ ਦੀ ਫਾਹੀ ਵਿਚ ਫਸ ਕੇ) ਪਰਮਾਤਮਾ ਦਾ ਧਿਆਨ ਧਰਿਆ, ਪਰਮਾਤਮਾ ਨੇ ਉਸ ਨੂੰ (ਤੰਦੂਏ ਦੀ) ਫਾਹੀ ਵਿਚੋਂ ਬਚਾ ਲਿਆ।
51467	1192	ਬਿਪ੍ਰ ਸੁਦਾਮੇ ਦਾਲਦੁ ਭੰਜ ॥		Bipr Sudhaamae Dhaaladh Bhanj ||	He delivered the poor Brahmin Sudama out of poverty.	ਸੁਦਾਮੇ ਬ੍ਰਾਹਮਣ ਦੀ (ਕ੍ਰਿਸ਼ਨ ਜੀ ਨੇ) ਗਰੀਬੀ ਕੱਟੀ।
51468	1192	ਰੇ ਮਨ ਤੂ ਭੀ ਭਜੁ ਗੋਬਿੰਦ॥੨॥		Rae Man Thoo Bhee Bhaj Gobindh ||2||	O my mind, you too must meditate and vibrate on the Lord of the Universe. ||2||	ਹੇ (ਮੇਰੇ) ਮਨ! ਤੂੰ ਭੀ ਪਰਮਾਤਮਾ ਦਾ ਭਜਨ ਕਰਿਆ ਕਰ ॥੨॥
51469	1192	ਬਧਿਕੁ ਉਧਾਰਿਓ ਖਮਿ ਪ੍ਰਹਾਰ॥		Badhhik Oudhhaariou Kham Prehaar ||	Even the hunter who shot an arrow at Krishna was saved.	ਹੇ (ਮੇਰੇ) ਮਨ! (ਕ੍ਰਿਸ਼ਨ ਜੀ ਨੂੰ) ਤੀਰ ਨਾਲ ਮਾਰਨ ਵਾਲੇ ਸ਼ਿਕਾਰੀ ਨੂੰ (ਕ੍ਰਿਸ਼ਨ ਜੀ ਨੇ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ।

51470	1192	ਕੁਬਿਜਾ ਉਧਰੀ ਅੰਗੁਸਟ ਧਾਰ॥	ਕੁਬਿ-ਜਾ: ਪੋਲਾ ਬੋਲੋ	Kubijaa Oudhharee Angusatt Dhhaar ||	Kubija the hunchback was saved, when God placed His Feet on her thumb.	(ਕ੍ਰਿਸ਼ਨ ਜੀ ਦੇ) ਅੰਗੂਠੇ ਦੀ ਛੁਹ ਨਾਲ ਕੁਬਿਜਾ ਪਾਰ ਲੰਘ ਗਈ।
51471	1192	ਬਿਦਰੁ ਉਧਾਰਿਓ ਦਾਸਤ ਭਾਇ॥		Bidhar Oudhhaariou Dhaasath Bhaae ||	Bidar was saved by his attitude of humility.	ਬਿਦਰ ਨੂੰ (ਉਸ ਦੇ) ਸੇਵਾ ਭਾਵ ਦੇ ਕਾਰਨ (ਕ੍ਰਿਸ਼ਨ ਜੀ ਨੇ) ਪਾਰ ਲੰਘਾ ਦਿੱਤਾ।
51472	1192	ਰੇ ਮਨ ਤੂ ਭੀ ਹਰਿ ਧਿਆਇ॥੩॥		Rae Man Thoo Bhee Har Dhhiaae ||3||	O my mind, you too must meditate on the Lord. ||3||	ਹੇ (ਮੇਰੇ) ਮਨ! ਤੂੰ ਭੀ ਪਰਮਾਤਮਾ ਦਾ ਧਿਆਨ ਧਰਿਆ ਕਰ ॥੩॥
51473	1192	ਪ੍ਰਹਲਾਦ ਰਖੀ ਹਰਿ ਪੈਜ ਆਪ॥		Prehalaadh Rakhee Har Paij Aap ||	The Lord Himself saved the honor of Prahlaad.	ਹੇ (ਮੇਰੇ) ਮਨ! ਪ੍ਰਹਲਾਦ ਦੀ ਇੱਜ਼ਤ ਪਰਮਾਤਮਾ ਨੇ ਆਪ ਰੱਖੀ।
51474	1192	ਬਸਤ੍ਰ ਛੀਨਤ ਦ੍ਰੋਪਤੀ ਰਖੀ ਲਾਜ॥		Basathr Shheenath Dhropathee Rakhee Laaj ||	Even when she was being disrobed in court, Dropatee's honor was preserved.	(ਦੁਰਜੋਧਨ ਦੀ ਸਭਾ ਵਿਚ ਦ੍ਰੋਪਤੀ ਨੂੰ ਨਗਨ ਕਰਨ ਲਈ ਜਦੋਂ) ਦ੍ਰੋਪਤੀ ਦੇ ਬਸਤ੍ਰ ਲਾਹੇ ਜਾ ਰਹੇ ਸਨ, ਤਦੋਂ (ਕ੍ਰਿਸ਼ਨ ਜੀ ਨੇ ਉਸ ਦੀ) ਇੱਜ਼ਤ ਬਚਾਈ।
51475	1192	ਜਿਨਿ ਜਿਨਿ ਸੇਵਿਆ ਅੰਤ ਬਾਰ॥		Jin Jin Saeviaa Anth Baar ||	Those who have served the Lord, even at the very last instant of their lives, are saved.	ਹੇ ਮਨ! ਜਿਸ ਜਿਸ ਨੇ ਭੀ ਔਖੇ ਵੇਲੇ ਪਰਮਾਤਮਾ ਦਾ ਪੱਲਾ ਫੜਿਆ (ਪਰਮਾਤਮਾ ਨੇ ਉਸ ਦੀ ਲਾਜ ਰੱਖੀ)।

51476	1192	ਰੇ ਮਨ ਸੇਵਿ ਤੂ ਪਰਹਿ ਪਾਰ॥੪॥		Rae Man Saev Thoo Parehi Paar ||4||	O my mind, serve Him, and you shall be carried across to the other side. ||4||	ਹੇ (ਮੇਰੇ) ਮਨ! ਤੂੰ ਭੀ ਪਰਮਾਤਮਾ ਦੀ ਸਰਨ ਪਉ, (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਹਿਂਗਾ ॥੪॥
51477	1192	ਧੰਨੈ ਸੇਵਿਆ ਬਾਲ ਬੁਧਿ॥		Dhhannai Saeviaa Baal Budhh ||	Dhanna served the Lord, with the innocence of a child.	ਹੇ (ਮੇਰੇ) ਮਨ! ਧੰਨੇ ਨੇ (ਗੁਰੂ ਦੀ ਸਰਨ ਪੈ ਕੇ) ਬਾਲਾਂ ਵਾਲੀ (ਨਿਰਵੈਰ) ਬੁੱਧੀ ਪ੍ਰਾਪਤ ਕਰ ਕੇ ਪਰਮਾਤਮਾ ਦੀ ਭਗਤੀ ਕੀਤੀ।
51478	1192	ਤ੍ਰਿਲੋਚਨ ਗੁਰ ਮਿਲਿ ਭਈ ਸਿਧਿ॥		Thrilochan Gur Mil Bhee Sidhh ||	Meeting with the Guru, Trilochan attained the perfection of the Siddhas.	ਗੁਰੂ ਨੂੰ ਮਿਲ ਕੇ ਤ੍ਰਿਲੋਚਨ ਨੂੰ ਭੀ ਆਤਮਕ ਜੀਵਨ ਵਿਚ ਸਫਲਤਾ ਪ੍ਰਾਪਤ ਹੋਈ।
51479	1192	ਬੇਣੀ ਕਉ ਗੁਰਿ ਕੀਓ ਪ੍ਰਗਾਸੁ॥		Baenee Ko Gur Keeou Pragaas ||	The Guru blessed Baynee with His Divine Illumination.	ਗੁਰੂ ਨੇ (ਭਗਤ) ਬੇਣੀ ਨੂੰ ਆਤਮਕ ਜੀਵਨ ਦਾ ਚਾਨਣ ਬਖ਼ਸ਼ਿਆ।
51480	1192	ਰੇ ਮਨ ਤੂ ਭੀ ਹੋਹਿ ਦਾਸੁ ॥੫॥		Rae Man Thoo Bhee Hohi Dhaas ||5||	O my mind, you too must be the Lord's slave. ||5||	ਹੇ (ਮੇਰੇ) ਮਨ! ਤੂੰ ਭੀ ਪਰਮਾਤਮਾ ਦਾ ਭਗਤ (ਇਸੇ ਤਰ੍ਹਾਂ) ਬਣ ॥੫॥
51481	1192	ਜੈਦੇਵ ਤਿਆਗਿਓ ਅਹੰਮੇਵ॥		Jaidhaev Thiaagiou Ahanmaev ||	Jai Dayv gave up his egotism.	ਹੇ (ਮੇਰੇ) ਮਨ! (ਗੁਰੂ ਨੂੰ ਮਿਲ ਕੇ) ਜੈਦੇਵ ਨੇ (ਆਪਣੇ ਬ੍ਰਾਹਮਣ ਹੋਣ ਦਾ) ਮਾਣ ਛੱਡਿਆ।
51482	1192	ਨਾਈ ਉਧਰਿਓ ਸੈਨੁ ਸੇਵ॥	ਉ-ਧਰਿਓ	Naaee Oudhhariou Sain Saev ||	Sain the barber was saved through his selfless service.	ਸੈਣ ਨਾਈ (ਗੁਰੂ ਦੀ ਸਰਨ ਪੈ ਕੇ) ਭਗਤੀ ਦੀ ਬਰਕਤਿ ਨਾਲ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਗਿਆ,

51483	1192	ਮਨੁ ਡੀਗਿ ਨ ਡੋਲੈ ਕਹੂੰ ਜਾਇ॥	(ਡੀਗਿ) ਡਿੱਗੇ	Man Ddeeg N Ddolai Kehoon Jaae ||	Do not let your mind waver or wander; do not let it go anywhere.	(ਸੈਣ ਦਾ) ਮਨ ਕਿਸੇ ਭੀ ਥਾਂ (ਮਾਇਆ ਦੇ ਠੇਡਿਆਂ ਨਾਲ) ਡਿੱਗ ਕੇ ਡੋਲਦਾ ਨਹੀਂ ਸੀ।
51484	1192	ਮਨ ਤੂ ਭੀ ਤਰਸਹਿ ਸਰਣਿ ਪਾਇ॥੬॥		Man Thoo Bhee Tharasehi Saran Paae ||6||	O my mind, you too shall cross over; seek the Sanctuary of God. ||6||	ਹੇ (ਮੇਰੇ) ਮਨ! (ਗੁਰੂ ਦੀ) ਸਰਨ ਪੈ ਕੇ ਤੂੰ ਭੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਹਿਂਗਾ ॥੬॥
51485	1192	ਜਿਹ ਅਨੁਗ੍ਰਹੁ ਠਾਕੁਰਿ ਕੀਓ ਆਪਿ॥	ਅ-ਨੁੱਗ੍ਰਹੁ	Jih Anugrahu Thaakur Keeou Aap ||	O my Lord and Master, You have shown Your Mercy to them.	ਹੇ ਪ੍ਰਭੂ! ਜਿਨ੍ਹਾਂ ਭਗਤ ਜਨਾਂ ਉਤੇ ਤੈਂ ਠਾਕੁਰ ਨੇ ਆਪ ਮਿਹਰ ਕੀਤੀ,
51486	1192	ਸੇ ਤੈਂ ਲੀਨੇ ਭਗਤ ਰਾਖਿ॥		Sae Thain Leenae Bhagath Raakh ||	You saved those devotees.	ਉਹਨਾਂ ਨੂੰ ਤੂੰ (ਸੰਸਾਰ-ਸਮੁੰਦਰ ਵਿਚੋਂ) ਬਚਾ ਲਿਆ।
51487	1192	ਤਿਨ ਕਾ ਗੁਣੁ ਅਵਗਣੁ ਨ ਬੀਚਾਰਿਓ ਕੋਇ॥	(ਤਿਨ) ਅਕਾਲ ਪੁਰਖ ਜੀ ਦਾ (ਗੁਣੁ) ਪਰਉਪਕਾਰ ਹੈ, ਗਨਿਕਾ ਅਜਾਮੱਲੁ ਉਪਰੋਕਤ ਜੋ ਉਧਾਰੇ ਹਨ, ਉਨਾਂ ਦਾ ਕੋਈ ਔਗੁਣ ਨਹੀਂ ਵੀਚਾਰਿਆ	Thin Kaa Gun Avagan N Beechaariou Koe ||	You do not take their merits and demerits into account.	ਤੂੰ ਉਹਨਾਂ ਦਾ ਨਾਹ ਕੋਈ ਗੁਣ ਤੇ ਨਾਹ ਕੋਈ ਔਗੁਣ ਵਿਚਾਰਿਆ।
51488	1192	ਇਹ ਬਿਧਿ ਦੇਖਿ ਮਨੁ ਲਗਾ ਸੇਵ॥੭॥		Eih Bidhh Dhaekh Man Lagaa Saev ||7||	Seeing these ways of Yours, I have dedicated my mind to Your service. ||7||	ਹੇ ਪ੍ਰਭੂ! ਤੇਰੀ ਇਸ ਕਿਸਮ ਦੀ ਦਇਆਲਤਾ ਵੇਖ ਕੇ (ਮੇਰਾ ਭੀ) ਮਨ (ਤੇਰੀ) ਭਗਤੀ ਵਿਚ ਲੱਗ ਪਿਆ ਹੈ ॥੭॥

51489	1192	ਕਬੀਰਿ ਧਿਆਇਓ ਏਕ ਰੰਗ॥		Kabeer Dhhiaaeiou Eaek Rang ||	Kabeer meditated on the One Lord with love.	ਹੇ ਨਾਨਕ! ਕਬੀਰ ਨੇ ਇਕ-ਰਸ ਪਿਆਰ ਵਿਚ ਟਿਕ ਕੇ ਪਰਮਾਤਮਾ ਦਾ ਧਿਆਨ ਧਰਿਆ।
51490	1192	ਨਾਮਦੇਵ ਹਰਿ ਜੀਉ ਬਸਹਿ ਸੰਗਿ॥		Naamadhaev Har Jeeo Basehi Sang ||	Naam Dayv lived with the Dear Lord.	ਪ੍ਰਭੂ ਜੀ ਨਾਮਦੇਵ ਜੀ ਦੇ ਭੀ ਨਾਲ ਵੱਸਦੇ ਹਨ।
51491	1192	ਰਵਿਦਾਸ ਧਿਆਏ ਪ੍ਰਭ ਅਨੂਪ॥		Ravidhaas Dhhiaaeae Prabh Anoop ||	Ravi Daas meditated on God, the Incomparably Beautiful.	ਰਵਿਦਾਸ ਨੇ ਭੀ ਸੋਹਣੇ ਪ੍ਰਭੂ ਦਾ ਸਿਮਰਨ ਕੀਤਾ।
51492	1192	ਗੁਰ ਨਾਨਕ ਦੇਵ ਗੋਵਿੰਦ ਰੂਪ॥੮॥੧॥		Gur Naanak Dhaev Govindh Roop ||8||1||	Guru Nanak Dayv is the Embodiment of the Lord of the Universe. ||8||1||	(ਇਹਨਾਂ ਸਭਨਾਂ ਉੱਤੇ ਗੁਰੂ ਨੇ ਹੀ ਕਿਰਪਾ ਕੀਤੀ)। ਹੇ ਨਾਨਕ! ਗੁਰੂ ਪਰਮਾਤਮਾ ਦਾ ਰੂਪ ਹੈ (ਤੂੰ ਭੀ ਗੁਰੂ ਦੀ ਸਰਨ ਪਿਆ ਰਹੁ) ॥੮॥੧॥
51493	1192	ਬਸੰਤੁ ਮਹਲਾ ੫॥		Basanth Mehalaa 5 ||	Basant, Fifth Mehl:	
51494	1192	ਅਨਿਕ ਜਨਮ ਭ੍ਰਮੇ ਜੋਨਿ ਮਾਹਿ॥		Anik Janam Bhramae Jon Maahi ||	The mortal wanders in reincarnation through countless lifetimes.	ਮਨੁੱਖ ਅਨੇਕਾਂ ਜੂਨਾਂ ਅਨੇਕਾਂ ਜਨਮਾਂ ਵਿਚ ਭਟਕਦੇ ਫਿਰਦੇ ਹਨ।
51495	1192	ਹਰਿ ਸਿਮਰਨ ਬਿਨੁ ਨਰਕਿ ਪਾਹਿ॥		Har Simaran Bin Narak Paahi ||	Without meditating in remembrance on the Lord, he falls into hell.	ਪਰਮਾਤਮਾ ਦੇ ਸਿਮਰਨ ਤੋਂ ਬਿਨਾ ਨਰਕ ਵਿਚ ਪਏ ਰਹਿੰਦੇ ਹਨ।

51496	1192	ਭਗਤਿ ਬਿਹੂਨਾ ਖੰਡ ਖੰਡ॥		Bhagath Bihoonaa Khandd Khandd ||	Without devotional worship, he is cut apart into pieces.	ਭਗਤੀ ਤੋਂ ਬਿਨਾ (ਉਹਨਾਂ ਦਾ ਮਨ ਅਨੇਕਾਂ ਦੌੜਾਂ-ਭੱਜਾਂ ਵਿਚ) ਟੋਟੇ ਟੋਟੇ ਹੋਇਆ ਰਹਿੰਦਾ ਹੈ।
51497	1192	ਬਿਨੁ ਬੂਝੇ ਜਮੁ ਦੇਤ ਡੰਡ॥੧॥		Bin Boojhae Jam Dhaeth Ddandd ||1||	Without understanding, he is punished by the Messenger of Death. ||1||	ਆਤਮਕ ਜੀਵਨ ਦੀ ਸੂਝ ਤੋਂ ਬਿਨਾ ਜਮਰਾਜ ਭੀ ਉਹਨਾਂ ਨੂੰ ਸਜ਼ਾ ਦੇਂਦਾ ਹੈ ॥੧॥
51498	1192	ਗੋਬਿੰਦ ਭਜਹੁ ਮੇਰੇ ਸਦਾ ਮੀਤ॥		Gobindh Bhajahu Maerae Sadhaa Meeth ||	Meditate and vibrate forever on the Lord of the Universe, O my friend.	ਹੇ ਮੇਰੇ ਮਿੱਤਰ! ਸਦਾ ਪਰਮਾਤਮਾ ਦਾ ਭਜਨ ਕਰਿਆ ਕਰ।
51499	1192	ਸਾਚ ਸਬਦ ਕਰਿ ਸਦਾ ਪ੍ਰੀਤਿ ॥੧॥ਰਹਾਉ॥		Saach Sabadh Kar Sadhaa Preeth ||1|| Rehaao ||	Love forever the True Word of the Shabad. ||1||Pause||	ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਨਾਲ ਸਦਾ ਪਿਆਰ ਬਣਾਈ ਰੱਖ ॥੧॥ ਰਹਾਉ ॥
51500	1192	ਸੰਤੋਖੁ ਨ ਆਵਤ ਕਹੂੰ ਕਾਜ॥		Santhokh N Aavath Kehoon Kaaj ||	Contentment does not come by any endeavors.	ਕਿਸੇ ਭੀ ਕੰਮਾਂ ਵਿਚ (ਉਸ ਮਨੁੱਖ ਨੂੰ) ਮਾਇਆ ਵਲੋਂ ਤ੍ਰਿਪਤੀ ਨਹੀਂ ਹੁੰਦੀ।
51501	1192	ਧੂੰਮ ਬਾਦਰ ਸਭਿ ਮਾਇਆ ਸਾਜ॥		Dhhoonm Baadhar Sabh Maaeiaa Saaj ||	All the show of Maya is just a cloud of smoke.	(ਉਸ ਨੂੰ ਇਹ ਸਮਝ ਨਹੀਂ ਆਉਂਦੀ ਕਿ) ਮਾਇਆ ਦੇ ਸਾਰੇ ਕੌਤਕ-ਤਮਾਸ਼ੇ ਧੂੰਏ ਦੇ ਬੱਦਲ (ਹੀ) ਹਨ (ਹਵਾ ਦੇ ਇੱਕੋ ਬੁੱਲੇ ਨਾਲ ਉੱਡ ਜਾਣ ਵਾਲੇ)।
51502	1192	ਪਾਪ ਕਰੰਤੋ ਨਹ ਸੰਗਾਇ॥		Paap Karantha Neh Sangaae ||	The mortal does not hesitate to commit sins.	(ਮਾਇਆ ਵਿਚ ਮਸਤ ਮਨੁੱਖ) ਪਾਪ ਕਰਦਾ ਭੀ ਝਿਜਕਦਾ ਨਹੀਂ।

51503	1192	ਬਿਖੁ ਕਾ ਮਾਤਾ ਆਵੈ ਜਾਇ॥੨॥	ਮੱਤਾ	Bikh Kaa Maathaa Aavai Jaae ||2||	Intoxicated with poison, he comes and goes in reincarnation. ||2||	ਆਤਮਕ ਮੌਤ ਲਿਆਉਣ ਵਾਲੀ ਮਾਇਆ-ਜ਼ਹਰ ਦਾ ਮੱਤਾ ਹੋਇਆ ਮਨੁੱਖ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ ॥੨॥
51504	1192	ਹਉ ਹਉ ਕਰਤ ਬਧੇ ਬਿਕਾਰ॥		Ho Ho Karath Badhhae Bikaar ||	Acting in egotism and self-conceit, his corruption only increases.	ਮੈਂ ਮੈਂ ਕਰਦਿਆਂ ਉਸ ਮਨੁੱਖ ਦੇ ਅੰਦਰ ਵਿਕਾਰ ਵਧਦੇ ਜਾਂਦੇ ਹਨ,
51505	1192	ਮੋਹ ਲੋਭ ਡੂਬੌ ਸੰਸਾਰ॥		Moh Lobh Ddooba Sansaar ||	The world is drowning in attachment and greed.	ਜਗਤ ਦੇ ਮੋਹ ਅਤੇ ਲੋਭ ਵਿਚ ਉਹ ਸਦਾ ਡੁੱਬਾ ਰਹਿੰਦਾ ਹੈ,
51506	1192	ਕਾਮਿ ਕ੍ਰੋਧਿ ਮਨੁ ਵਸਿ ਕੀਆ॥		Kaam Krodhh Man Vas Keeaa ||	Sexual desire and anger hold the mind in its power.	ਕਾਮ-ਵਾਸਨਾ ਨੇ ਕ੍ਰੋਧ ਨੇ (ਉਸ ਦਾ) ਮਨ ਸਦਾ ਆਪਣੇ ਕਾਬੂ ਵਿਚ ਕੀਤਾ ਹੁੰਦਾ ਹੈ,
51507	1192	ਸੁਪਨੈ ਨਾਮੁ ਨ ਹਰਿ ਲੀਆ॥੩॥		Supanai Naam N Har Leeaa ||3||	Even in his dreams, he does not chant the Lord's Name. ||3||	ਜਿਸ ਮਨੁੱਖ ਨੇ ਕਦੇ ਸੁਪਨੇ ਵਿਚ ਭੀ ਪਰਮਾਤਮਾ ਦਾ ਨਾਮ ਨਹੀਂ ਸਿਮਰਿਆ ॥੩॥
51508	1192	ਕਬ ਹੀ ਰਾਜਾ ਕਬ ਮੰਗਨਹਾਰੁ॥		Kab Hee Raajaa Kab Manganehaar ||	Sometimes he is a king, and sometimes he is a beggar.	(ਨਾਮ ਤੋਂ ਸੱਖਣਾ ਮਨੁੱਖ) ਚਾਹੇ ਕਦੇ ਰਾਜਾ ਹੈ ਚਾਹੇ ਮੰਗਤਾ,
51509	1192	ਦੂਖ ਸੂਖ ਬਾਧੌ ਸੰਸਾਰ॥		Dhookh Sookh Baadhha Sansaar ||	The world is bound by pleasure and pain.	ਉਹ ਸਦਾ ਜਗਤ ਦੇ ਦੁੱਖਾਂ ਸੁਖਾਂ ਵਿਚ ਜਕੜਿਆ ਰਹਿੰਦਾ ਹੈ।

51510	1192	ਮਨ ਉਧਰਣ ਕਾ ਸਾਜੁ ਨਾਹਿ॥		Man Oudhharan Kaa Saaj Naahi ||	The mortal makes no arrangements to save himself.	ਆਪਣੇ ਮਨ ਨੂੰ (ਸੰਸਾਰ-ਸਮੁੰਦਰ ਦੇ ਵਿਕਾਰਾਂ ਵਿਚ ਡੁੱਬਣ ਤੋਂ) ਬਚਾਣ ਦਾ ਉਹ ਕੋਈ ਉੱਦਮ ਨਹੀਂ ਕਰਦਾ।
51511	1192	ਪਾਪ ਬੰਧਨ ਨਿਤ ਪਉਤ ਜਾਹਿ॥੪॥	(ਪਉਤ) ਪੈਂਦੇ	Paap Bandhhan Nith Pouth Jaahi ||4||	The bondage of sin continues to hold him. ||4||	ਪਾਪਾਂ ਦੀਆਂ ਫਾਹੀਆਂ ਉਸ ਨੂੰ ਸਦਾ ਪੈਂਦੀਆਂ ਜਾਂਦੀਆਂ ਹਨ ॥੪॥
51512	1192	ਈਠ ਮੀਤ ਕੋਊ ਸਖਾ ਨਾਹਿ॥		Eeth Meeth Kooo Sakhaa Naahi ||	He has no beloved friends or companions.	ਪਿਆਰੇ ਮਿੱਤਰਾਂ ਵਿਚੋਂ ਕੋਈ ਭੀ (ਤੋੜ ਤਕ ਸਾਥ ਨਿਬਾਹੁਣ ਵਾਲਾ) ਸਾਥੀ ਨਹੀਂ ਬਣ ਸਕਦਾ।
51513	1192	ਆਪਿ ਬੀਜਿ ਆਪੇ ਹੀ ਖਾਂਹਿ॥		Aap Beej Aapae Hee Khaanhi ||	He himself eats what he himself plants.	(ਸਾਰੇ ਜੀਵ ਚੰਗੇ ਮੰਦੇ) ਕਰਮ ਆਪ ਕਰ ਕੇ ਆਪ ਹੀ (ਉਹਨਾਂ ਕੀਤੇ ਕਰਮਾਂ ਦਾ) ਫਲ ਭੋਗਦੇ ਹਨ (ਕੋਈ ਮਿੱਤਰ ਮਦਦ ਨਹੀਂ ਕਰ ਸਕਦਾ)।
51514	1193	ਜਾ ਕੈ ਕੀਨੈ ਹੋਤ ਬਿਕਾਰ॥		Jaa Kai Keenhai Hoth Bikaar ||	He gathers up that which brings corruption;	ਜਿਨ੍ਹਾਂ ਪਦਾਰਥਾਂ ਦੇ ਇਕੱਠੇ ਕਰਦਿਆਂ (ਮਨੁੱਖ ਦੇ ਮਨ ਦੇ ਅਨੇਕਾਂ) ਵਿਕਾਰ ਪੈਦਾ ਹੁੰਦੇ ਰਹਿੰਦੇ ਹਨ,
51515	1193	ਸੇ ਛੋਡਿ ਚਲਿਆ ਖਿਨ ਮਹਿ ਗਵਾਰ॥੫॥		Sae Shhodd Chaliaa Khin Mehi Gavaar ||5||	Leaving them, the fool must depart in an instant. ||5||	(ਜਦੋਂ ਅੰਤ ਸਮਾ ਆਉਂਦਾ ਹੈ, ਤਾਂ) ਮੂਰਖ ਇਕ ਖਿਨ ਵਿਚ ਹੀ ਉਹਨਾਂ (ਪਦਾਰਥਾਂ) ਨੂੰ ਛੱਡ ਕੇ (ਇਥੋਂ) ਤੁਰ ਪੈਂਦਾ ਹੈ ॥੫॥

51516	1193	ਮਾਇਆ ਮੋਹਿ ਬਹੁ ਭਰਮਿਆ॥		Maaeiaa Mohi Bahu Bharamiaa ||	He wanders in attachment to Maya.	(ਪਰਮਾਤਮਾ ਦਾ ਸਿਮਰਨ ਭੁਲਾ ਕੇ ਮਨੁੱਖ) ਮਾਇਆ ਦੇ ਮੋਹ ਦੇ ਕਾਰਨ ਬਹੁਤ ਭਟਕਦਾ ਫਿਰਦਾ ਹੈ,
51517	1193	ਕਿਰਤ ਰੇਖ ਕਰਿ ਕਰਮਿਆ॥		Kirath Raekh Kar Karamiaa ||	He acts in accordance with the karma of his past actions.	(ਪਿਛਲੇ) ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ (ਮਨੁੱਖ ਹੋਰ ਉਹੋ ਜਿਹੇ ਹੀ) ਕਰਮ ਕਰੀ ਜਾਂਦਾ ਹੈ।
51518	1193	ਕਰਣੈਹਾਰੁ ਅਲਿਪਤੁ ਆਪਿ॥	ਅ-ਲਿਪਤੁ	Karanaihaar Alipath Aap ||	Only the Creator Himself remains detached.	ਸਭ ਕੁਝ ਕਰਨ ਦੇ ਸਮਰੱਥ ਪਰਮਾਤਮਾ ਆਪ ਨਿਰਲੇਪ ਹੈ (ਉਸ ਉੱਤੇ ਮਾਇਆ ਦਾ ਪ੍ਰਭਾਵ ਨਹੀਂ ਪੈ ਸਕਦਾ)।
51519	1193	ਨਹੀ ਲੇਪੁ ਪ੍ਰਭ ਪੁੰਨ ਪਾਪਿ ॥੬॥		Nehee Laep Prabh Punn Paap ||6||	God is not affected by virtue or vice. ||6||	ਪ੍ਰਭੂ ਉੱਤੇ ਨਾਹ ਤਾਂ (ਜੀਵਾਂ ਦੇ ਮਿਥੇ ਹੋਏ) ਪੁੰਨ ਕਰਮਾਂ (ਦੇ ਕੀਤੇ ਜਾਣ ਤੋਂ ਪੈਦਾ ਹੋਣ ਵਾਲੇ ਅਹੰਕਾਰ ਆਦਿਕ) ਦਾ ਅਸਰ ਹੁੰਦਾ ਹੈ, ਨਾਹ ਕਿਸੇ ਪਾਪ ਦੇ ਕਾਰਨ (ਭਾਵ, ਉਸ ਪ੍ਰਭੂ ਨੂੰ ਨਾਹ ਅਹੰਕਾਰ ਨਾਹ ਵਿਕਾਰ ਆਪਣੇ ਅਸਰ ਹੇਠ ਲਿਆ ਸਕਦਾ ਹੈ) ॥੬॥
51520	1193	ਰਾਖਿ ਲੇਹੁ ਗੋਬਿੰਦ ਦਇਆਲ॥		Raakh Laehu Gobindh Dhaeiaal ||	Please save me, O Merciful Lord of the Universe!	ਹੇ ਦਇਆ ਦੇ ਸੋਮੇ ਗੋਬਿੰਦ! ਮੇਰੀ ਰੱਖਿਆ ਕਰ।
51521	1193	ਤੇਰੀ ਸਰਣਿ ਪੂਰਨ ਕ੍ਰਿਪਾਲ॥		Thaeree Saran Pooran Kirapaal ||	I seek Your Sanctuary, O Perfect Compassionate Lord.	ਹੇ ਸਰਬ-ਵਿਆਪਕ! ਹੇ ਕਿਰਪਾਲ! ਮੈਂ ਤੇਰੀ ਸਰਨ ਆਇਆ ਹਾਂ।

51522	1193	ਤੁਝ ਬਿਨੁ ਦੂਜਾ ਨਹੀ ਠਾਉ॥		Thujh Bin Dhoojaa Nehee Thaao ||	Without You, I have no other place of rest.	ਤੈਥੋਂ ਬਿਨਾ ਮੇਰਾ ਹੋਰ ਕੋਈ ਥਾਂ ਨਹੀਂ।
51523	1193	ਕਰਿ ਕਿਰਪਾ ਪ੍ਰਭ ਦੇਹੁ ਨਾਉ॥੭॥		Kar Kirapaa Prabh Dhaehu Naao ||7||	Please take pity on me, God, and bless me with Your Name. ||7||	ਹੇ ਪ੍ਰਭੂ! ਮਿਹਰ ਕਰ ਕੇ ਮੈਨੂੰ ਆਪਣਾ ਨਾਮ ਬਖ਼ਸ਼ ॥੭॥
51524	1193	ਤੂ ਕਰਤਾ ਤੂ ਕਰਣਹਾਰੁ॥		Thoo Karathaa Thoo Karanehaar ||	You are the Creator, and You are the Doer.	(ਹੇ ਪ੍ਰਭੂ!) ਤੂੰ (ਸਭ ਜੀਵਾਂ ਨੂੰ) ਪੈਦਾ ਕਰਨ ਵਾਲਾ ਹੈਂ, ਤੂੰ ਸਭ ਕੁਝ ਕਰਨ ਦੀ ਸਮਰਥਾ ਰੱਖਦਾ ਹੈਂ,
51525	1193	ਤੂ ਊਚਾ ਤੂ ਬਹੁ ਅਪਾਰੁ॥		Thoo Oochaa Thoo Bahu Apaar ||	You are High and Exalted, and You are totally Infinite.	ਤੂੰ ਸਭ ਤੋਂ ਉੱਚਾ ਹੈਂ, ਤੂੰ ਬੜਾ ਬੇਅੰਤ ਹੈਂ,
51526	1193	ਕਰਿ ਕਿਰਪਾ ਲੜਿ ਲੇਹੁ ਲਾਇ॥		Kar Kirapaa Larr Laehu Laae ||	Please be merciful, and attach me to the hem of Your robe.	ਮਿਹਰ ਕਰ (ਸਾਨੂੰ) ਆਪਣੇ ਲੜ ਨਾਲ ਲਾਈ ਰੱਖ।
51527	1193	ਨਾਨਕ ਦਾਸ ਪ੍ਰਭ ਕੀ ਸਰਣਾਇ॥੮॥੨॥		Naanak Dhaas Prabh Kee Saranaae ||8||2||	Slave Nanak has entered the Sanctuary of God. ||8||2||	ਹੇ ਨਾਨਕ! ਪ੍ਰਭੂ ਦੇ ਦਾਸ ਪ੍ਰਭੂ ਦੀ ਸਰਨ ਪਏ ਰਹਿੰਦੇ ਹਨ (ਅਤੇ ਇਉਂ ਅਰਜ਼ੋਈ ਕਰਦੇ ਰਹਿੰਦੇ ਹਨ) ॥੮॥੨॥
51528	1193	ਬਸੰਤ ਕੀ ਵਾਰ ਮਹਲੁ ੫	ਮਹੱਲੁ	Basanth Kee Vaar Mehal 5	Basant Kee Vaar, Fifth Mehl:	ਰਾਗ ਬਸੰਤੁ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਵਾਰ'।
51529	1193	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

51530	1193	ਹਰਿ ਕਾ ਨਾਮੁ ਧਿਆਇ ਕੈ ਹੋਹੁ ਹਰਿਆ ਭਾਈ॥		Har Kaa Naam Dhhiaae Kai Hohu Hariaa Bhaaee ||	Meditate on the Lord's Name, and blossom forth in green abundance.	ਪਰਮਾਤਮਾ ਦਾ ਨਾਮ ਸਿਮਰ ਕੇ ਆਤਮਕ ਜੀਵਨ ਵਾਲਾ ਬਣ ਜਾ (ਜਿਵੇਂ ਪਾਣੀ ਮਿਲਣ ਨਾਲ ਰੁੱਖ ਨੂੰ ਹਰਿਆਵਲ ਮਿਲ ਜਾਂਦੀ ਹੈ)।
51531	1193	ਕਰਮਿ ਲਿਖੰਤੈ ਪਾਈਐ ਇਹ ਰੁਤਿ ਸੁਹਾਈ॥		Karam Likhanthai Paaeeai Eih Ruth Suhaaee ||	By your high destiny, you have been blessed with this wondrous spring of the soul.	(ਨਾਮ ਜਪਣ ਵਾਸਤੇ ਮਨੁੱਖਾ ਜਨਮ ਦਾ) ਇਹ ਸੋਹਣਾ ਸਮਾ (ਪੂਰਬਲੇ ਕੀਤੇ ਕਰਮਾਂ ਅਨੁਸਾਰ ਪ੍ਰਭੂ ਵਲੋਂ) ਲਿਖੇ ਬਖ਼ਸ਼ਸ਼ ਦੇ ਲੇਖ ਦੇ ਉੱਘੜਨ ਨਾਲ ਹੀ ਮਿਲਦਾ ਹੈ।
51532	1193	ਵਣੁ ਤ੍ਰਿਣੁ ਤ੍ਰਿਭਵਣੁ ਮਉਲਿਆ ਅੰਮ੍ਰਿਤ ਫਲੁ ਪਾਈ॥	ਮਉੱਲਿਆ: ਕਸਕੇ	Van Thrin Thribhavan Mouliaa Anmrith Fal Paaee ||	See all the three worlds in bloom, and obtain the Fruit of Ambrosial Nectar.	(ਜਿਵੇਂ ਵਰਖਾ ਨਾਲ) ਜੰਗਲ ਬਨਸਪਤੀ ਸਾਰਾ ਜਗਤ ਖਿੜ ਪੈਂਦਾ ਹੈ, (ਤਿਵੇਂ ਉਸ ਮਨੁੱਖ ਦਾ ਲੂੰ ਲੂੰ ਖਿੜ ਪੈਂਦਾ ਹੈ ਜੋ) ਅੰਮ੍ਰਿਤ ਨਾਮ-ਰੂਪ ਫਲ ਹਾਸਲ ਕਰ ਲੈਂਦਾ ਹੈ।
51533	1193	ਮਿਲਿ ਸਾਧੂ ਸੁਖੁ ਊਪਜੈ ਲਥੀ ਸਭ ਛਾਈ॥	ਲੱਥੀ	Mil Saadhhoo Sukh Oopajai Lathhee Sabh Shhaaee ||	Meeting with the Holy Saints, peace wells up, and all sins are erased.	ਗੁਰੂ ਨੂੰ ਮਿਲ ਕੇ (ਉਸ ਦੇ ਹਿਰਦੇ ਵਿਚ) ਸੁਖ ਪੈਦਾ ਹੁੰਦਾ ਹੈ, ਉਸ ਦੇ ਮਨ ਦੀ ਮੈਲ ਲਹਿ ਜਾਂਦੀ ਹੈ।

51534	1193	ਨਾਨਕੁ ਸਿਮਰੈ ਏਕੁ ਨਾਮੁ ਫਿਰਿ ਬਹੁੜਿ ਨ ਧਾਈ॥੧॥		Naanak Simarai Eaek Naam Fir Bahurr N Dhhaaee ||1||	O Nanak, remember in meditation the One Name, and you shall never again be consigned to the womb of reincarnation.. ||1||	ਨਾਨਕ (ਭੀ) ਪ੍ਰਭੂ ਦਾ ਹੀ ਨਾਮ ਸਿਮਰਦਾ ਹੈ (ਤੇ ਜੋ ਮਨੁੱਖ ਸਿਮਰਦਾ ਹੈ ਉਸ ਨੂੰ) ਮੁੜ ਮੁੜ ਜਨਮ ਮਰਨ ਦੇ ਗੇੜ ਵਿਚ ਭਟਕਣਾ ਨਹੀਂ ਪੈਂਦਾ ॥੧॥
51535	1193	ਪੰਜੇ ਬਧੇ ਮਹਾਬਲੀ ਕਰਿ ਸਚਾ ਢੋਆ ॥		Panjae Badhhae Mehaabalee Kar Sachaa Dtoaa ||	The five powerful desires are bound down, when you lean on the True Lord.	ਜਿਸ ਮਨੁੱਖ ਨੇ (ਪ੍ਰਭੂ ਦਾ ਸਿਮਰਨ-ਰੂਪ) ਸੱਚੀ ਭੇਟਾ (ਪ੍ਰਭੂ ਦੀ ਹਜ਼ੂਰੀ ਵਿਚ) ਪੇਸ਼ ਕੀਤੀ ਹੈ, ਪ੍ਰਭੂ ਨੇ ਉਸ ਦੇ ਕਾਮਾਦਿਕ ਪੰਜੇ ਹੀ ਵੱਡੇ ਬਲੀ ਵਿਕਾਰ ਬੰਨ੍ਹ ਦਿੱਤੇ ਹਨ,
51536	1193	ਆਪਣੇ ਚਰਣ ਜਪਾਇਅਨੁ ਵਿਚਿ ਦਯੁ ਖੜੋਆ ॥	ਦ-ਯੁ: ਦ ਮੁਕਤਾ, ਯੁ ਔਂਕੜ ਸਹਿਤ ਤਾਲੂ ਤੋਂ ਬੋਲੋ	Aapanae Charan Japaaeian Vich Dhay Kharroaa ||	The Lord Himself leads us to dwell at His Feet. He stands right in our midst.	ਦਿਆਲ ਪ੍ਰਭੂ ਨੇ ਵਿਚ ਖਲੋ ਉਸ ਦੇ ਹਿਰਦੇ ਵਿਚ ਆਪਣੇ ਚਰਨ ਟਿਕਾਏ ਭਾਵ ਆਪ ਨਾਮ ਜਪਾਇਆ ਹੈ,
51537	1193	ਰੋਗ ਸੋਗ ਸਭਿ ਮਿਟਿ ਗਏ ਨਿਤ ਨਵਾ ਨਿਰੋਆ॥		Rog Sog Sabh Mitt Geae Nith Navaa Niroaa ||	All sorrows and sicknesses are eradicated, and you become ever-fresh and rejuvenated.	(ਜਿਸ ਕਰਕੇ) ਉਸ ਦੇ ਸਾਰੇ ਹੀ ਰੋਗ ਤੇ ਸਹਸੇ ਮਿਟ ਜਾਂਦੇ ਹਨ, ਉਹ ਸਦਾ ਪਵਿਤ੍ਰ-ਆਤਮਾ ਤੇ ਅਰੋਗ ਰਹਿੰਦਾ ਹੈ।

51538	1193	ਦਿਨੁ ਰੈਣਿ ਨਾਮੁ ਧਿਆਇਦਾ ਫਿਰਿ ਪਾਇ ਨ ਮੋਆ॥		Dhin Rain Naam Dhhiaaeidhaa Fir Paae N Moaa ||	Night and day, meditate on the Naam, the Name of the Lord. You shall never again die.	ਉਹ ਮਨੁੱਖ ਦਿਨ ਰਾਤ ਪਰਮਾਤਮਾ ਦਾ ਨਾਮ ਸਿਮਰਦਾ ਹੈ, ਉਸ ਨੂੰ ਜਨਮ ਮਰਨ ਦਾ ਗੇੜ ਨਹੀਂ ਲਾਣਾ ਪੈਂਦਾ।
51539	1193	ਜਿਸ ਤੇ ਉਪਜਿਆ ਨਾਨਕਾ ਸੋਈ ਫਿਰਿ ਹੋਆ॥੨॥		Jis Thae Oupajiaa Naanakaa Soee Fir Hoaa ||2||	And the One, from whom we came, O Nanak, into Him we merge once again. ||2||	ਹੇ ਨਾਨਕ! ਜਿਸ ਪਰਮਾਤਮਾ ਤੋਂ ਉਹ ਪੈਦਾ ਹੋਇਆ ਸੀ (ਸਿਮਰਨ ਦੀ ਬਰਕਤਿ ਨਾਲ) ਉਸੇ ਦਾ ਰੂਪ ਹੋ ਜਾਂਦਾ ਹੈ ॥੨॥
51540	1193	ਕਿਥਹੁ ਉਪਜੈ ਕਹ ਰਹੈ ਕਹ ਮਾਹਿ ਸਮਾਵੈ॥		Kithhahu Oupajai Keh Rehai Keh Maahi Samaavai ||	Where do we come from? Where do we live? Where do we go in the end?	(ਕੋਈ ਨਹੀਂ ਦੱਸ ਸਕਦਾ ਕਿ) ਪ੍ਰਭੂ ਕਿਥੋਂ ਪੈਦਾ ਹੁੰਦਾ ਹੈ ਕਿਥੇ ਰਹਿੰਦਾ ਹੈ ਤੇ ਕਿਥੇ ਲੀਨ ਹੋ ਜਾਂਦਾ ਹੈ।
51541	1193	ਜੀਅ ਜੰਤ ਸਭਿ ਖਸਮ ਕੇ ਕਉਣੁ ਕੀਮਤਿ ਪਾਵੈ॥		Jeea Janth Sabh Khasam Kae Koun Keemath Paavai ||	All creatures belong to God, our Lord and Master. Who can place a value on Him?	ਸਾਰੇ ਜੀਵ ਖਸਮ-ਪ੍ਰਭੂ ਦੇ ਪੈਦਾ ਕੀਤੇ ਹੋਏ ਹਨ, ਕੋਈ ਭੀ (ਆਪਣੇ ਪੈਦਾ ਕਰਨ ਵਾਲੇ ਦੇ ਗੁਣਾਂ ਦਾ) ਮੁੱਲ ਨਹੀਂ ਪਾ ਸਕਦਾ।
51542	1193	ਕਹਨਿ ਧਿਆਇਨਿ ਸੁਣਨਿ ਨਿਤ ਸੇ ਭਗਤ ਸੁਹਾਵੈ॥		Kehan Dhhiaaein Sunan Nith Sae Bhagath Suhaavai ||	Those who meditate, listen and chant, those devotees are blessed and beautified.	ਜੋ ਜੋ ਉਸ ਪ੍ਰਭੂ ਦੇ ਗੁਣ ਉਚਾਰਦੇ ਹਨ ਚੇਤੇ ਕਰਦੇ ਹਨ ਸੁਣਦੇ ਹਨ ਉਹ ਭਗਤ ਸੋਹਣੇ (ਜੀਵਨ ਵਾਲੇ) ਹੋ ਜਾਂਦੇ ਹਨ।

51543	1193	ਅਗਮੁ ਅਗੋਚਰੁ ਸਾਹਿਬੋ ਦੂਸਰੁ ਲਵੈ ਨ ਲਾਵੈ॥		Agam Agochar Saahibo Dhoosar Lavai N Laavai ||	The Lord God is Inaccessible and Unfathomable; there is no other equal to Him.	ਪਰਮਾਤਮਾ ਅਪਹੁੰਚ ਹੈ, ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ ਸਭ ਦਾ ਮਾਲਕ ਹੈ, ਕੋਈ ਉਸ ਦੀ ਬਰਾਬਰੀ ਨਹੀਂ ਕਰ ਸਕਦਾ।
51544	1193	ਸਚੁ ਪੂਰੈ ਗੁਰਿ ਉਪਦੇਸਿਆ ਨਾਨਕੁ ਸੁਣਾਵੈ॥੩॥੧॥		Sach Poorai Gur Oupadhaesiaa Naanak Sunaavai ||3||1||	The Perfect Guru has taught this Truth. Nanak proclaims it to the world. ||3||1||	ਨਾਨਕ ਉਸ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਸੁਣਾਂਦਾ ਹੈ, ਪੂਰੇ ਗੁਰੂ ਨੇ ਉਹ ਪ੍ਰਭੂ ਨੇੜੇ ਵਿਖਾ ਦਿੱਤਾ ਹੈ (ਅੰਦਰ ਵੱਸਦਾ ਵਿਖਾ ਦਿੱਤਾ ਹੈ) ॥੩॥੧॥
51545	1193	ਬਸੰਤੁ ਬਾਣੀ ਭਗਤਾਂ ਕੀ॥		Basanth Baanee Bhagathaan Kee ||	Basant, The Word Of The Devotees,	ਰਾਗ ਬਸੰਤੁ ਵਿੱਚ ਭਗਤਾਂ ਦੀ ਬਾਣੀ।
51546	1193	ਕਬੀਰ ਜੀ ਘਰੁ ੧		Kabeer Jee Ghar 1	Kabeer Jee, First House:	(ਰਾਗ ਬਸੰਤ) ਘਰ ੧ ਵਿੱਚ ਭਗਤ ਕਬੀਰ ਜੀ ਦੀ ਬਾਣੀ।
51547	1193	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
51548	1193	ਮਉਲੀ ਧਰਤੀ ਮਉਲਿਆ ਅਕਾਸੁ॥	ਮਉੱਲੀ, ਮਉੱਲਿਆ: ਕਸਕੇ	Moulee Dhharathee Mouliaa Akaas ||	The earth is in bloom, and the sky is in bloom.	ਧਰਤੀ ਤੇ ਅਕਾਸ਼ (ਪਰਮਾਤਮਾ ਦੀ ਜੋਤ ਦੇ ਪ੍ਰਕਾਸ਼ ਨਾਲ) ਖਿੜੇ ਹੋਏ ਹਨ।
51549	1193	ਘਟਿ ਘਟਿ ਮਉਲਿਆ ਆਤਮ ਪ੍ਰਗਾਸੁ॥੧॥		Ghatt Ghatt Mouliaa Aatham Pragaas ||1||	Each and every heart has blossomed forth, and the soul is illumined. ||1||	ਹਰੇਕ ਘਟ ਵਿਚ ਉਸ ਪਰਮਾਤਮਾ ਦਾ ਹੀ ਪ੍ਰਕਾਸ਼ ਹੈ ॥੧॥

51550	1193	ਰਾਜਾਰਾਮੁ ਮਉਲਿਆ ਅਨਤ ਭਾਇ॥		Raajaa Raam Mouliaa Anath Bhaae ||	My Sovereign Lord King blossoms forth in countless ways.	(ਸਾਰੇ ਜਗਤ ਦਾ ਮਾਲਕ) ਜੋਤ-ਸਰੂਪ ਪਰਮਾਤਮਾ (ਆਪਣੇ ਬਣਾਏ ਜਗਤ ਵਿਚ) ਅਨੇਕ ਤਰ੍ਹਾਂ ਆਪਣਾ ਪ੍ਰਕਾਸ਼ ਕਰ ਰਿਹਾ ਹੈ।
51551	1193	ਜਹ ਦੇਖਉ ਤਹ ਰਹਿਆ ਸਮਾਇ॥੧॥ਰਹਾਉ॥		Jeh Dhaekho Theh Rehiaa Samaae ||1|| Rehaao ||	Wherever I look, I see Him there pervading. ||1||Pause||	ਮੈਂ ਜਿੱਧਰ ਵੇਖਦਾ ਹਾਂ, ਉਧਰ ਹੀ ਉਹ ਭਰਪੂਰ (ਦਿੱਸਦਾ) ਹੈ ॥੧॥ ਰਹਾਉ ॥
51552	1193	ਦੁਤੀਆ ਮਉਲੇ ਚਾਰਿ ਬੇਦ॥		Dhutheeaa Moulae Chaar Baedh ||	The four Vedas blossom forth in duality.	ਦੂਜੀ ਗੱਲ (ਇਹ ਹੈ, ਨਿਰੀ ਧਰਤ ਅਕਾਸ਼ ਹੀ ਨਹੀਂ) ਚਾਰੇ ਵੇਦ ਵੀ ਪਰਮਾਤਮਾ ਦੀ ਜੋਤ ਨਾਲ ਪਰਗਟ ਹੋਏ ਹਨ,
51553	1193	ਸਿੰਮ੍ਰਿਤਿ ਮਉਲੀ ਸਿਉ ਕਤੇਬ॥੨॥	ਸਿੰਮ੍ਰਿਤਿ: ਮੰਮਾ ਮੁਕਤਾ, ਅੱਧਾ ਰਾਰਾ: ਪੋਲਾ ਬੋਲੋ, ਸਿਹਾਰੀ ਅੱਧੇ ਰਾਰੇ ਲਾਓ। ਮਉੱਲੀ: ਕਸਕੇ	Sinmrith Moulee Sio Kathaeb ||2||	The Simritees blossom forth, along with the Koran and the Bible. ||2||	ਸਿਮ੍ਰਿਤੀਆਂ ਤੇ ਮੁਸਲਮਾਨੀ ਧਰਮ-ਪੁਸਤਕ-ਇਹ ਸਾਰੇ ਭੀ ਪਰਮਾਤਮਾ ਦੀ ਜੋਤ ਨਾਲ ਪਰਗਟ ਹੋਏ ਹਨ ॥੨॥
51554	1193	ਸੰਕਰੁ ਮਉਲਿਓ ਜੋਗ ਧਿਆਨ॥		Sankar Mouliou Jog Dhhiaan ||	Shiva blossoms forth in Yoga and meditation.	ਜੋਗ-ਸਮਾਧੀ ਲਾਣ ਵਾਲਾ ਸ਼ਿਵ ਭੀ (ਪ੍ਰਭੂ ਦੀ ਜੋਤ ਦੀ ਬਰਕਤਿ ਨਾਲ) ਖਿੜਿਆ।
51555	1193	ਕਬੀਰ ਕੋ ਸੁਆਮੀ ਸਭ ਸਮਾਨ॥੩॥੧॥		Kabeer Ko Suaamee Sabh Samaan ||3||1||	Kabeer's Lord and Master pervades in all alike. ||3||1||	(ਮੁੱਕਦੀ ਗੱਲ ਇਹ ਕਿ) ਕਬੀਰ ਦਾ ਮਾਲਕ (-ਪ੍ਰਭੂ) ਸਭ ਥਾਂ ਇਕੋ ਜਿਹਾ ਖਿੜ ਰਿਹਾ ਹੈ ॥੩॥੧॥

51556	1193	ਪੰਡਿਤ ਜਨ ਮਾਤੇ ਪੜ੍ਹਿ ਪੁਰਾਨ॥		Panddith Jan Maathae Parrih Puraan ||	The Pandits, the Hindu religious scholars, are intoxicated, reading the Puraanas.	ਪੰਡਿਤ ਲੋਕ ਪੁਰਾਨ (ਆਦਿਕ ਧਰਮ-ਪੁਸਤਕਾਂ) ਪੜ੍ਹ ਕੇ ਅਹੰਕਾਰੇ ਹੋਏ ਹਨ;
51557	1193	ਜੋਗੀ ਮਾਤੇ ਜੋਗ ਧਿਆਨ॥		Jogee Maathae Jog Dhhiaan ||	The Yogis are intoxicated in Yoga and meditation.	ਜੋਗੀ ਜੋਗ-ਸਾਧਨਾਂ ਦੇ ਮਾਣ ਵਿਚ ਮੱਤੇ ਹੋਏ ਹਨ,
51558	1193	ਸੰਨਿਆਸੀ ਮਾਤੇ ਅਹੰਮੇਵ॥	ਮੱਤੇ	Sanniaasee Maathae Ahanmaev ||	The Sannyaasees are intoxicated in egotism.	ਸੰਨਿਆਸੀ (ਸੰਨਿਆਸ ਦੇ) ਅਹੰਕਾਰ ਵਿਚ ਡੁੱਬੇ ਹੋਏ ਹਨ;
51559	1193	ਤਪਸੀ ਮਾਤੇ ਤਪ ਕੈ ਭੇਵ॥੧॥	ਤ-ਪੱਸੀ	Thapasee Maathae Thap Kai Bhaev ||1||	The penitents are intoxicated with the mystery of penance. ||1||	ਤਪੀ ਲੋਕ ਇਸ ਵਾਸਤੇ ਮਸਤੇ ਹੋਏ ਹਨ ਕਿ ਉਹਨਾਂ ਨੇ ਤਪ ਦਾ ਭੇਤ ਪਾ ਲਿਆ ਹੈ ॥੧॥
51560	1193	ਸਭ ਮਦ ਮਾਤੇ ਕੋਊ ਨ ਜਾਗ॥		Sabh Madh Maathae Kooo N Jaag ||	All are intoxicated with the wine of Maya; no one is awake and aware.	ਸਭ ਜੀਵ (ਕਿਸੇ ਨਾ ਕਿਸੇ ਵਿਕਾਰ ਵਿਚ) ਮੱਤੇ ਪਏ ਹਨ, ਕੋਈ ਜਾਗਦਾ ਨਹੀਂ (ਦਿੱਸਦਾ)।
51561	1193	ਸੰਗ ਹੀ ਚੋਰ ਘਰੁ ਮੁਸਨ ਲਾਗ॥੧॥ਰਹਾਉ॥	(ਮੁੱਸਨ) ਲੁੱਟਣ	Sang Hee Chor Ghar Musan Laag ||1|| Rehaao ||	The thieves are with them, plundering their homes. ||1||Pause||	ਤੇ, ਇਹਨਾਂ ਜੀਵਾਂ ਦੇ ਅੰਦਰੋਂ ਹੀ (ਉੱਠ ਕੇ ਕਾਮਾਦਿਕ) ਚੋਰ ਇਹਨਾਂ ਦਾ (ਹਿਰਦਾ-ਰੂਪ) ਘਰ ਲੁੱਟ ਰਹੇ ਹਨ ॥੧॥ ਰਹਾਉ ॥
51562	1193	ਜਾਗੈ ਸੁਕਦੇਉ ਅਰੁ ਅਕੂਰੁ॥		Jaagai Sukadhaeo Ar Akoor ||	Suk Dayv and Akrur are awake and aware.	(ਜਗਤ ਵਿਚ ਕੋਈ ਵਿਰਲੇ ਵਿਰਲੇ ਜਾਗੇ, ਵਿਰਲੇ ਵਿਰਲੇ ਮਾਇਆ ਦੇ ਪ੍ਰਭਾਵ ਤੋਂ ਬਚੇ); ਜਾਗਦਾ ਰਿਹਾ ਸੁਕਦੇਵ ਰਿਸ਼ੀ ਤੇ ਅਕ੍ਰੂਰ ਭਗਤ;

51563	1194	ਹਣਵੰਤੁ ਜਾਗੈ ਧਰਿ ਲੰਕੂਰੁ॥	ਲੰਕੂਰੁਪੂਛ	Hanavanth Jaagai Dhhar Lankoor ||	Hanuman with his tail is awake and aware.	ਜਾਗਦਾ ਰਿਹਾ ਹਨੂਮਾਨ ਪੂਛਲ ਧਾਰ ਕੇ ਭੀ (ਭਾਵ, ਭਾਵੇਂ ਲੋਕ ਉਸ ਨੂੰ ਪੂਛਲ ਵਾਲਾ ਹੀ ਆਖਦੇ ਹਨ)।
51564	1194	ਸੰਕਰੁ ਜਾਗੈ ਚਰਨ ਸੇਵ॥		Sankar Jaagai Charan Saev ||	Shiva is awake, serving at the Lord's Feet.	ਪ੍ਰਭੂ-ਚਰਨਾਂ ਦੀ ਸੇਵਾ ਕਰ ਕੇ ਜਾਗਿਆ ਸ਼ਿਵ ਜੀ।
51565	1194	ਕਲਿ ਜਾਗੇ ਨਾਮਾ ਜੈਦੇਵ॥੨॥		Kal Jaagae Naamaa Jaidhaev ||2||	Naam Dayv and Jai Dayv are awake in this Dark Age of Kali Yuga. ||2||	(ਹੁਣ ਦੇ ਸਮੇ) ਕਲਿਜੁਗ ਵਿਚ ਜਾਗਦੇ ਰਹੇ ਭਗਤ ਨਾਮਦੇਵ ਤੇ ਜੈਦੇਵ ਜੀ ॥੨॥
51566	1194	ਜਾਗਤ ਸੋਵਤ ਬਹੁ ਪ੍ਰਕਾਰ॥		Jaagath Sovath Bahu Prakaar ||	There are many ways of being awake, and sleeping.	ਜਾਗਣਾ ਤੇ ਸੁੱਤੇ ਰਹਿਣਾ (ਭੀ) ਕਈ ਕਿਸਮ ਦਾ ਹੈ (ਚੋਰ ਭੀ ਤਾਂ ਰਾਤ ਨੂੰ ਜਾਗਦੇ ਹੀ ਹਨ)।
51567	1194	ਗੁਰਮੁਖਿ ਜਾਗੈ ਸੋਈ ਸਾਰੁ॥		Guramukh Jaagai Soee Saar ||	To be awake as Gurmukh is the most excellent way.	ਉਹ ਜਾਗਣਾ ਸ੍ਰੇਸ਼ਟ ਹੈ ਜੋ ਗੁਰਮੁਖਾਂ ਦਾ ਜਾਗਣਾ ਹੈ (ਭਾਵ, ਜੋ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਮਾਇਆ ਦੇ ਹੱਲੇ ਵਲੋਂ ਸੁਚੇਤ ਰਹਿੰਦਾ ਹੈ, ਉਹੀ ਜਾਗ ਰਿਹਾ ਹੈ)।
51568	1194	ਇਸੁ ਦੇਹੀ ਕੇ ਅਧਿਕ ਕਾਮ॥		Eis Dhaehee Kae Adhhik Kaam ||	The most sublime of all the actions of this body,	(ਮਾਇਆ ਦੇ ਹੱਲੇ ਵਲੋਂ ਸੁਚੇਤ ਰਹਿ ਕੇ ਸਿਮਰਨ ਕਰਨਾ) ਜੀਵ ਦੇ ਬਹੁਤ ਕੰਮ ਆਉਂਦਾ ਹੈ।
51569	1194	ਕਹਿ ਕਬੀਰ ਭਜਿ ਰਾਮ ਨਾਮ॥੩॥੨॥		Kehi Kabeer Bhaj Raam Naam ||3||2||	Says Kabeer, is to meditate and vibrate on the Lord's Name. ||3||2||	ਕਬੀਰ ਆਖਦਾ ਹੈ ਕਿ ਪ੍ਰਭੂ ਦਾ ਨਾਮ ਸਿਮਰ (ਕੇ ਸੁਚੇਤ ਰਹੁ) ॥੩॥੨॥

51570	1194	ਜੋਇ ਖਸਮੁ ਹੈ ਜਾਇਆ॥		Joe Khasam Hai Jaaeiaa ||	The wife gives birth to her husband.	ਇਸਤ੍ਰੀ ਨੇ ਖਸਮ ਨੂੰ ਜਨਮ ਦਿੱਤਾ ਹੈ (ਭਾਵ, ਜਿਸ ਮਨ ਨੂੰ ਮਾਇਆ ਨੇ ਜਨਮ ਦਿੱਤਾ ਹੈ, ਉਹੀ ਇਸ ਨੂੰ ਭੋਗਣਹਾਰਾ ਬਣ ਜਾਂਦਾ ਹੈ)।
51571	1194	ਪੂਤਿ ਬਾਪੁ ਖੇਲਾਇਆ॥	ਖ੍ਹੇਲਾਇਆ	Pooth Baap Khaelaaeiaa ||	The son leads his father in play.	ਮਨ-ਪੁੱਤਰ ਨੇ ਪਿਉ-ਜੀਵਾਤਮਾ ਨੂੰ ਖੇਡੇ ਲਾਇਆ ਹੋਇਆ ਹੈ।
51572	1194	ਬਿਨੁ ਸ੍ਰਵਣਾ ਖੀਰੁ ਪਿਲਾਇਆ॥੧॥		Bin Sravanaa Kheer Pilaaeiaa ||1||	Without breasts, the mother nurses her baby. ||1||	(ਇਹ ਮਨ) ਥਣਾਂ ਤੋਂ ਬਿਨਾ ਹੀ (ਜੀਵਾਤਮਾ ਨੂੰ) ਦੁੱਧ ਪਿਲਾ ਰਿਹਾ ਹੈ (ਭਾਵ, ਨਾਸਵੰਤ ਪਦਾਰਥਾਂ ਦੇ ਸੁਆਦ ਵਿਚ ਪਾ ਰਿਹਾ ਹੈ) ॥੧॥
51573	1194	ਦੇਖਹੁ ਲੋਗਾ ਕਲਿ ਕੋ ਭਾਉ॥		Dhaekhahu Logaa Kal Ko Bhaao ||	Behold, people! This is how it is in the Dark Age of Kali Yuga.	ਹੇ ਲੋਕੋ! ਵੇਖੋ, ਕਲਿਜੁਗ ਦਾ ਅਜਬ ਪ੍ਰਭਾਵ ਪੈ ਰਿਹਾ ਹੈ (ਭਾਵ, ਪ੍ਰਭੂ ਤੋਂ ਵਿਛੜਨ ਕਰਕੇ ਜੀਵ ਉੱਤੇ ਅਜਬ ਦਬਾਉ ਪੈ ਰਿਹਾ ਹੈ)।
51574	1194	ਸੁਤਿ ਮੁਕਲਾਈ ਅਪਨੀ ਮਾਉ॥੧॥ਰਹਾਉ॥	ਸੁੱਤਿ	Suth Mukalaaee Apanee Maao ||1|| Rehaao ||	The son marries his mother. ||1||Pause||	(ਮਨ-ਰੂਪ) ਪੁੱਤਰ ਨੇ ਆਪਣੀ ਮਾਂ (-ਮਾਇਆ) ਨੂੰ ਵਿਆਹ ਲਿਆ ਹੈ ॥੧॥ ਰਹਾਉ ॥
51575	1194	ਪਗਾ ਬਿਨੁ ਹੁਰੀਆ ਮਾਰਤਾ॥	ਪਗਾਂ। ਹੁਰੀਆਂ	Pagaa Bin Hureeaa Maarathaa ||	Without feet, the mortal jumps.	(ਇਸ ਮਨ ਦੇ) ਕੋਈ ਪੈਰ ਨਹੀਂ ਹਨ, ਪਰ ਛਾਲਾਂ ਮਾਰਦਾ ਫਿਰਦਾ ਹੈ;
51576	1194	ਬਦਨੈ ਬਿਨੁ ਖਿਰ ਖਿਰ ਹਾਸਤਾ॥		Badhanai Bin Khir Khir Haasathaa ||	Without a mouth, he bursts into laughter.	(ਇਸ ਦਾ) ਮੂੰਹ ਨਹੀਂ, ਪਰ ਖਿੜ ਖਿੜ ਹੱਸਦਾ ਫਿਰਦਾ ਹੈ।

51577	1194	ਨਿਦ੍ਰਾ ਬਿਨੁ ਨਰੁ ਪੈ ਸੋਵੈ॥		Nidhraa Bin Nar Pai Sovai ||	Without feeling sleepy, he lays down and sleeps.	(ਜੀਵ ਦਾ ਅਸਲਾ ਤਾਂ ਐਸਾ ਹੈ ਕਿ ਇਸ ਨੂੰ ਮਾਇਆ ਦੀ) ਨੀਂਦ ਨਹੀਂ ਵਿਆਪ ਸਕਦੀ ਸੀ, ਪਰ ('ਕਲਿ ਕੋ ਭਾਉ' ਵੇਖੋ) ਜੀਵ ਲੰਮੀ ਤਾਣ ਕੇ ਸੁੱਤਾ ਪਿਆ ਹੈ;
51578	1194	ਬਿਨੁ ਬਾਸਨ ਖੀਰੁ ਬਿਲੋਵੈ॥੨॥		Bin Baasan Kheer Bilovai ||2||	Without a churn, the milk is churned. ||2||	ਤੇ ਭਾਂਡੇ ਤੋਂ ਬਿਨਾ ਦੁੱਧ ਰਿੜਕ ਰਿਹਾ ਹੈ (ਭਾਵ, ਸ਼ੇਖ਼ ਚਿੱਲੀ ਵਾਂਗ ਘਾੜਤਾਂ ਘੜਦਾ ਰਹਿੰਦਾ ਹੈ) ॥੨॥
51579	1194	ਬਿਨੁ ਅਸਥਨ ਗਊ ਲਵੇਰੀ॥		Bin Asathhan Goo Lavaeree ||	Without udders, the cow gives milk.	(ਇਸ ਮਾਇਆ-ਰੂਪ) ਗਾਂ ਪਾਸੋਂ ਸੁਖ ਤਾਂ ਨਹੀਂ ਮਿਲ ਸਕਦੇ, ਪਰ ਇਹ (ਮਨ ਨੂੰ) ਝੂਠੇ ਪਦਾਰਥਾਂ-ਰੂਪ ਦੁੱਧ ਵਿਚ ਮੋਹ ਰਹੀ ਹੈ।
51580	1194	ਪੈਡੇ ਬਿਨੁ ਬਾਟ ਘਨੇਰੀ॥	ਪੈਂਡੇ	Paiddae Bin Baatt Ghanaeree ||	Without travelling, a long journey is made.	(ਆਪਣੇ ਅਸਲੇ ਅਨੁਸਾਰ ਤਾਂ ਇਸ ਜੀਵ ਨੂੰ ਕੋਈ ਭਟਕਣਾ ਨਹੀਂ ਸੀ ਚਾਹੀਦੀ, ਪਰ 'ਕਲਿ ਕੋ ਭਾਉ' ਵੇਖੋ) ਲੰਮੇ ਪੈਂਡੇ (ਚੌਰਾਸੀ ਦੇ ਗੇੜ ਵਿਚ) ਪਿਆ ਹੋਇਆ ਹੈ।
51581	1194	ਬਿਨੁ ਸਤਿਗੁਰ ਬਾਟ ਨ ਪਾਈ॥		Bin Sathigur Baatt N Paaee ||	Without the True Guru, the path is not found.	ਸਤਿਗੁਰੂ ਤੋ ਬਿਨਾ ਜੀਵਨ-ਸਫ਼ਰ ਦਾ ਸਹੀ ਰਸਤਾ ਨਹੀਂ ਲੱਭ ਸਕਦਾ।
51582	1194	ਕਹੁ ਕਬੀਰ ਸਮਝਾਈ॥੩॥੩॥		Kahu Kabeer Samajhaaee ||3||3||	Says Kabeer, see this, and understand. ||3||3||	ਕਬੀਰ (ਇਸ ਜਗਤ ਨੂੰ) ਸਮਝਾ ਕੇ (ਇਹ) ਦੱਸ ਰਿਹਾ ਹੈ ॥੩॥੩॥

51583	1194	ਪ੍ਰਹਲਾਦ ਪਠਾਏ ਪੜਨਸਾਲ॥		Prehalaadh Pathaaeae Parran Saal ||	Prahlaad was sent to school.	ਪ੍ਰਹਿਲਾਦ ਨੂੰ (ਉਸ ਦੇ ਪਿਉ ਹਰਨਾਖਸ਼ ਨੇ) ਪਾਠਸ਼ਾਲਾ ਵਿਚ ਪੜ੍ਹਨ ਘੱਲਿਆ,
51584	1194	ਸੰਗਿ ਸਖਾ ਬਹੁ ਲੀਏ ਬਾਲ॥		Sang Sakhaa Bahu Leeeae Baal ||	He took many of his friends along with him.	(ਪ੍ਰਹਿਲਾਦ ਨੇ ਆਪਣੇ) ਨਾਲ ਕਈ ਬਾਲਕ ਸਾਥੀ ਲੈ ਲਏ।
51585	1194	ਮੋਕਉ ਕਹਾ ਪੜ੍ਹਾਵਸਿ ਆਲ ਜਾਲ॥		Mo Ko Kehaa Parrhaavas Aal Jaal ||	He asked his teacher, ""Why do you teach me about worldly affairs?	(ਜਦੋਂ ਪਾਂਧਾ ਕੁਝ ਹੋਰ ਉਲਟ-ਪੁਲਟ ਪੜ੍ਹਾਣ ਲੱਗਾ, ਤਾਂ ਪ੍ਰਹਿਲਾਦ ਨੇ ਆਖਿਆ, ਹੇ ਬਾਬਾ!) ਮੈਨੂੰ ਊਲ-ਜਲੂਲ ਕਿਉਂ ਪੜ੍ਹਾਉਂਦਾ ਹੈਂ?
51586	1194	ਮੇਰੀ ਪਟੀਆ ਲਿਖਿ ਦੇਹੁ ਸ੍ਰੀ ਗੁਪਾਲ॥੧॥	ਗੋ: ਹੋੜੇ ਔਂਕੜ ਵਿਚਾਲੇ ਬੋਲੋ	Maeree Patteeaa Likh Dhaehu Sree Guopaal ||1||	Write the Name of the Dear Lord on my tablet.""||1||	ਮੇਰੀ ਇਸ ਨਿੱਕੀ ਜਿਹੀ ਪੱਟੀ ਉੱਤੇ 'ਸ੍ਰੀ ਗੋਪਾਲ, ਸ੍ਰੀ ਗੋਪਾਲ' ਲਿਖ ਦੇਹ ॥੧॥
51587	1194	ਨਹੀ ਛੋਡਉ ਰੇ ਬਾਬਾ ਰਾਮ ਨਾਮ॥		Nehee Shhoddo Rae Baabaa Raam Naam ||	O Baba, I will not forsake the Name of the Lord.	ਹੇ ਬਾਬਾ! ਮੈਂ ਪਰਮਾਤਮਾ ਦਾ ਨਾਮ ਸਿਮਰਨਾ ਨਹੀਂ ਛੱਡਾਂਗਾ।
51588	1194	ਮੇਰੋ ਅਉਰ ਪੜ੍ਹਨ ਸਿਉ ਨਹੀ ਕਾਮੁ॥੧॥ਰਹਾਉ॥		Maero Aour Parrhan Sio Nehee Kaam ||1|| Rehaao ||	I will not bother with any other lessons. ||1||Pause||	ਨਾਮ ਤੋਂ ਬਿਨਾ ਕੋਈ ਹੋਰ ਗੱਲ ਪੜ੍ਹਨ ਨਾਲ ਮੇਰਾ ਕੋਈ ਵਾਸਤਾ ਨਹੀਂ ਹੈ ॥੧॥ ਰਹਾਉ ॥
51589	1194	ਸੰਡੈ ਮਰਕੈ ਕਹਿਓ ਜਾਇ॥		Sanddai Marakai Kehiou Jaae ||	Sanda and Marka went to the king to complain.	(ਪ੍ਰਹਿਲਾਦ ਦੇ ਅਧਿਆਪਕ) ਸੰਡੇ ਮਰਕੇ (ਅਮਰਕ) ਨੇ ਜਾ ਕੇ (ਹਰਨਾਖਸ਼ ਨੂੰ ਇਹ ਗੱਲ) ਕਹਿ ਦਿੱਤੀ।

51590	1194	ਪ੍ਰਹਲਾਦ ਬੁਲਾਏ ਬੇਗਿ ਧਾਇ॥		Prehalaadh Bulaaeae Baeg Dhhaae ||	He sent for Prahlaad to come at once.	ਉਸ ਨੇ ਛੇਤੀ ਨਾਲ ਪ੍ਰਹਿਲਾਦ ਨੂੰ ਸੱਦ ਘੱਲਿਆ।
51591	1194	ਤੂ ਰਾਮ ਕਹਨ ਕੀ ਛੋਡੁ ਬਾਨਿ॥		Thoo Raam Kehan Kee Shhodd Baan ||	He said to him, "Stop uttering the Lord's Name.	(ਪਾਂਧੇ ਨੇ ਪ੍ਰਹਿਲਾਦ ਨੂੰ ਸਮਝਾਇਆ) ਤੂੰ ਪਰਮਾਤਮਾ ਦਾ ਨਾਮ ਸਿਮਰਨ ਦੀ ਆਦਤ ਛੱਡ ਦੇਹ,
51592	1194	ਤੁਝੁ ਤੁਰਤੁ ਛਡਾਊ ਮੇਰੋ ਕਹਿਓ ਮਾਨਿ॥੨॥		Thujh Thurath Shhaddaaoo Maero Kehiou Maan ||2||	I shall release you at once, if you obey my words.""||2||	ਮੇਰਾ ਆਖਿਆ ਮੰਨ ਲੈ, ਮੈਂ ਤੈਨੂੰ ਤੁਰਤ ਛਡਾ ਲਵਾਂਗਾ ॥੨॥
51593	1194	ਮੋਕਉ ਕਹਾ ਸਤਾਵਹੁ ਬਾਰ ਬਾਰ॥		Mo Ko Kehaa Sathaavahu Baar Baar ||	Prahlaad answered, ""Why do you annoy me, over and over again?	(ਪ੍ਰਹਿਲਾਦ ਨੇ ਉੱਤਰ ਦਿੱਤਾ, ਇਹ ਗੱਲ ਆਖ ਕੇ) ਮੈਨੂੰ ਮੁੜ ਮੁੜ ਕਿਉਂ ਦਿੱਕ ਕਰਦੇ ਹੋ?
51594	1194	ਪ੍ਰਭਿ ਜਲ ਥਲ ਗਿਰਿ ਕੀਏ ਪਹਾਰ॥		Prabh Jal Thhal Gir Keeeae Pehaar ||	God created the water, land, hills and mountains.	ਜਿਸ ਪ੍ਰਭੂ ਨੇ ਪਾਣੀ, ਧਰਤੀ, ਪਹਾੜ ਆਦਿਕ ਸਾਰੀ ਸ੍ਰਿਸ਼ਟੀ ਬਣਾਈ ਹੈ, ਮੈਂ ਉਸ ਰਾਮ ਨੂੰ ਸਿਮਰਨਾ ਨਹੀਂ ਛੱਡਾਂਗਾ।
51595	1194	ਇਕੁ ਰਾਮੁ ਨ ਛੋਡਉ ਗੁਰਹਿ ਗਾਰਿ॥		Eik Raam N Shhoddo Gurehi Gaar ||	I shall not forsake the One Lord; if I did, I would be going against my Guru.	(ਉਸ ਨੂੰ ਛੱਡਿਆਂ) ਮੇਰੇ ਗੁਰੂ ਨੂੰ ਗਾਲ੍ਹ ਲੱਗਦੀ ਹੈ (ਭਾਵ, ਮੇਰੇ ਗੁਰੂ ਦੀ ਬਦਨਾਮੀ ਹੁੰਦੀ ਹੈ)।

51596	1194	ਮੋਕਉ ਘਾਲਿ ਜਾਰਿ ਭਾਵੈ ਮਾਰਿ ਡਾਰਿ॥੩॥		Mo Ko Ghaal Jaar Bhaavai Maar Ddaar ||3||	You might as well throw me into the fire and kill me.""||3||	ਮੈਨੂੰ ਚਾਹੇ ਸਾੜ ਭੀ ਦੇਹ, ਚਾਹੇ ਮਾਰ ਦੇਹ (ਪਰ ਨਾਮ ਨਹੀਂ ਛੱਡਾਂਗਾ) ॥੩॥
51597	1194	ਕਾਢਿ ਖੜਗੁ ਕੋਪਿਓ ਰਿਸਾਇ॥	(ਕੋਪਿਓ) ਗੁੱਸੇ ।(ਰਿਸਾਇ) ਕ੍ਰੋਧ ਨਾਲ	Kaadt Kharrag Kopiou Risaae ||	The king became angry and drew his sword.	(ਹਰਨਾਖਸ਼) ਖਿੱਝ ਕੇ ਕ੍ਰੋਧ ਵਿਚ ਆਇਆ, ਤਲਵਾਰ (ਮਿਆਨੋਂ) ਕੱਢ ਕੇ (ਆਖਣ ਲੱਗਾ-)
51598	1194	ਤੁਝ ਰਾਖਨਹਾਰੋ ਮੋਹਿ ਬਤਾਇ॥		Thujh Raakhanehaaro Mohi Bathaae ||	"Show me your protector now!"	ਮੈਨੂੰ ਉਹ ਦੱਸ ਜੋ ਤੈਨੂੰ ਬਚਾਉਣ ਵਾਲਾ ਹੈ।
51599	1194	ਪ੍ਰਭ ਥੰਭ ਤੇ ਨਿਕਸੇ ਕੈ ਬਿਸਥਾਰ॥		Prabh Thhanbh Thae Nikasae Kai Bisathhaar ||	So God emerged out of the pillar, and assumed a mighty form.	ਪ੍ਰਭੂ ਭਿਆਨਕ ਰੂਪ ਧਾਰ ਕੇ ਥੰਮ੍ਹ ਵਿਚੋਂ ਨਿਕਲ ਆਇਆ,
51600	1194	ਹਰਨਾਖਸੁ ਛੇਦਿਓ ਨਖ ਬਿਦਾਰ॥੪॥		Haranaakhas Shhaedhiou Nakh Bidhaar ||4||	He killed Harnaakhash, tearing him apart with his nails. ||4||	ਤੇ ਉਸ ਨੇ ਆਪਣੇ ਨਹੁੰਆਂ ਨਾਲ ਚੀਰ ਕੇ ਹਰਨਾਖਸ਼ ਨੂੰ ਮਾਰ ਦਿੱਤਾ ॥੪॥
51601	1194	ਓਇ ਪਰਮ ਪੁਰਖ ਦੇਵਾਧਿ ਦੇਵ॥		Oue Param Purakh Dhaevaadhh Dhaev ||	The Supreme Lord God, the Divinity of the divine,	ਪ੍ਰਭੂ ਜੀ ਪਰਮ-ਪੁਰਖ ਹਨ, ਦੇਵਤਿਆਂ ਦੇ ਭੀ ਵੱਡੇ ਦੇਵਤੇ ਹਨ।
51602	1194	ਭਗਤਿ ਹੇਤਿ ਨਰਸਿੰਘ ਭੇਵ॥		Bhagath Haeth Narasingh Bhaev ||	For the sake of His devotee, assumed the form of the man-lion.	(ਪ੍ਰਹਿਲਾਦ ਦੀ) ਭਗਤੀ ਨਾਲ ਪਿਆਰ ਕਰ ਕੇ ਪ੍ਰਭੂ ਨੇ ਨਰਸਿੰਘ ਰੂਪ ਧਾਰਿਆ,

51603	1194	ਕਹਿ ਕਬੀਰ ਕੋ ਲਖੈ ਨ ਪਾਰ॥		Kehi Kabeer Ko Lakhai N Paar ||	Says Kabeer, no one can know the Lord's limits.	ਕਬੀਰ ਆਖਦਾ ਹੈ ਕਿ ਕੋਈ ਜੀਵ ਉਸ ਪ੍ਰਭੂ ਦੀ ਤਾਕਤ ਦਾ ਅੰਤ ਨਹੀਂ ਪਾ ਸਕਦਾ,
51604	1194	ਪ੍ਰਹਲਾਦ ਉਧਾਰੇ ਅਨਿਕ ਬਾਰ॥੫॥੪॥		Prehalaadh Oudhhaarae Anik Baar ||5||4||	He saves His devotees like Prahlaad over and over again. ||5||4||	(ਜਿਸ ਨੇ) ਪ੍ਰਹਿਲਾਦ ਨੂੰ ਅਨੇਕਾਂ ਕਸ਼ਟਾਂ ਤੋਂ ਬਚਾਇਆ ॥੫॥੪॥
51605	1194	ਇਸੁ ਤਨ ਮਨ ਮਧੇ ਮਦਨ ਚੋਰ॥		Eis Than Man Madhhae Madhan Chor ||	Within the body and mind are thieves like sexual desire,	(ਮੇਰੀ 'ਚੰਚਲ ਬੱਧ' ਦੇ ਕਾਰਨ, ਹੁਣ) ਮੇਰੇ ਇਸ ਤਨ ਮਨ ਵਿਚ ਕਾਮਦੇਵ ਚੋਰ ਆ ਵੱਸਿਆ ਹੈ,
51606	1194	ਜਿਨਿ ਗਿਆਨ ਰਤਨੁ ਹਿਰਿ ਲੀਨ ਮੋਰ॥		Jin Giaan Rathan Hir Leen Mor ||	Which has stolen my jewel of spiritual wisdom.	ਜਿਸ ਨੇ ਗਿਆਨ-ਰੂਪ ਮੇਰਾ ਰਤਨ (ਮੇਰੇ ਅੰਦਰੋਂ) ਚੁਰਾ ਲਿਆ ਹੈ (ਭਾਵ, ਜਿਸ ਨੇ ਮੇਰੀ ਸਮਝ ਵਿਗਾੜ ਦਿੱਤੀ ਹੈ)।
51607	1194	ਮੈ ਅਨਾਥੁ ਪ੍ਰਭ ਕਹਉ ਕਾਹਿ॥		Mai Anaathh Prabh Keho Kaahi ||	I am a poor orphan, O God; unto whom should I complain?	ਹੇ ਪ੍ਰਭੂ! ਮੈਂ (ਬੜਾ) ਆਜਜ਼ ਹੋ ਗਿਆ ਹਾਂ, (ਆਪਣਾ ਦੁੱਖ ਤੈਥੋਂ ਬਿਨਾ ਹੋਰ) ਕਿਸ ਨੂੰ ਦੱਸਾਂ?
51608	1194	ਕੋ ਕੋ ਨ ਬਿਗੂਤੋ ਮੈ ਕੋ ਆਹਿ॥੧॥		Ko Ko N Bigootho Mai Ko Aahi ||1||	Who has not been ruined by sexual desire? What am I? ||1||	(ਇਸ ਕਾਮ ਦੇ ਹੱਥੋਂ) ਕੌਣ ਕੌਣ ਖ਼ੁਆਰ ਨਹੀਂ ਹੋਇਆ? ਮੇਰੀ (ਗ਼ਰੀਬ) ਦੀ ਕੀਹ ਪਾਂਇਆਂ ਹੈ? ॥੧॥
51609	1194	ਮਾਧਉ ਦਾਰੁਨ ਦੁਖੁ ਸਹਿਓ ਨ ਜਾਇ॥	(ਦਾਰੁਨ) ਭਿਆਨਕ	Maadhho Dhaarun Dhukh Sehiou N Jaae ||	O Lord, I cannot endure this agonizing pain.	ਹੇ ਮੇਰੇ ਮਾਧੋ! ਆਪਣੀ ਚੰਚਲ ਮੱਤ ਅੱਗੇ ਮੇਰੀ ਕੋਈ ਪੇਸ਼ ਨਹੀਂ ਜਾਂਦੀ।

51610	1194	ਮੇਰੋ ਚਪਲ ਬੁਧਿ ਸਿਉ ਕਹਾ ਬਸਾਇ॥੧॥ਰਹਾਉ॥		Maero Chapal Budhh Sio Kehaa Basaae ||1|| Rehaao ||	What power does my fickle mind have against it? ||1||Pause||	ਇਹ ਡਾਢਾ ਭਿਆਨਕ ਦੁੱਖ (ਹੁਣ) ਮੈਥੋਂ ਸਹਾਰਿਆ ਨਹੀਂ ਜਾਂਦਾ ॥੧॥ ਰਹਾਉ ॥
51611	1194	ਸਨਕ ਸਨੰਦਨ ਸਿਵ ਸੁਕਾਦਿ॥		Sanak Sanandhan Siv Sukaadh ||	Sanak, Sanandan, Shiva and Suk Dayv	ਸਨਕ, ਸਨੰਦਨ, ਸ਼ਿਵ, ਸੁਕਦੇਵ ਵਰਗੇ (ਵੱਡੇ-ਵੱਡੇ ਰਿਸ਼ੀ ਤਪੀ)
51612	1194	ਨਾਭਿ ਕਮਲ ਜਾਨੇ ਬ੍ਰਹਮਾਦਿ॥		Naabh Kamal Jaanae Brehamaadh ||	Were born out of Brahma's naval chakra.	ਕਮਲ ਦੀ ਨਾਭੀ ਤੋਂ ਜਣੇ ਹੋਏ ਬ੍ਰਹਮਾ ਆਦਿਕ,
51613	1194	ਕਬਿ ਜਨ ਜੋਗੀ ਜਟਾਧਾਰਿ॥	(ਜਟਾਧਾਰਿ) ਜਟਾਂ ਧਾਰਨ ਵਾਲੇ ਅਨੇਕ	Kab Jan Jogee Jattaadhhaar ||	The poets and the Yogis with their matted hair	ਕਵੀ ਲੋਕ, ਜੋਗੀ ਤੇ ਜਟਾਧਾਰੀ ਸਾਧੂ-
51614	1194	ਸਭ ਆਪਨ ਅਉਸਰ ਚਲੇ ਸਾਰਿ॥੨॥	ਚੱਲੇ	Sabh Aapan Aousar Chalae Saar ||2||	All lived their lives with good behavior. ||2||	ਇਹ ਸਭ (ਕਾਮ ਤੋਂ ਡਰਦੇ ਡਰਦੇ) ਆਪੋ ਆਪਣੇ ਵੇਲੇ ਦਿਨ-ਕੱਟੀ ਕਰ ਕੇ ਚਲੇ ਗਏ ॥੨॥
51615	1194	ਤੂ ਅਥਾਹੁ ਮੋਹਿ ਥਾਹ ਨਾਹਿ॥		Thoo Athhaahu Mohi Thhaah Naahi ||	You are Unfathomable; I cannot know Your depth.	(ਹੇ ਭਾਈ! ਕਾਮ ਆਦਿਕ ਤੋਂ ਬਚਣ ਲਈ ਇੱਕੋ ਪ੍ਰਭੂ ਹੀ ਆਸਰਾ ਹੈ, ਉਸ ਅੱਗੇ ਇਉਂ ਅਰਜ਼ੋਈ ਕਰ-) ਹੇ ਸੁਖਾਂ ਦੇ ਸਾਗਰ ਪ੍ਰਭੂ! ਤੂੰ ਬੜੇ ਡੂੰਘੇ ਜਿਗਰੇ ਵਾਲਾ ਹੈਂ, ਮੈਂ (ਤੇਰੇ ਗੰਭੀਰ ਸਮੁੰਦਰ ਵਰਗੇ ਦਿਲ ਦੀ) ਹਾਥ ਨਹੀਂ ਪਾ ਸਕਦਾ।

51616	1194	ਪ੍ਰਭ ਦੀਨਾ ਨਾਥ ਦੁਖੁ ਕਹਉ ਕਾਹਿ॥		Prabh Dheenaa Naathh Dhukh Keho Kaahi ||	O God, Master of the meek, unto whom should I tell my pains?	ਹੇ ਦੀਨਾਨਾਥ ਪ੍ਰਭੂ! ਮੈਂ ਹੋਰ ਕਿਸ ਅੱਗੇ ਅਰਜ਼ੋਈ ਕਰਾਂ?
51617	1194	ਮੋਰੋ ਜਨਮ ਮਰਨ ਦੁਖੁ ਆਥਿ ਧੀਰ॥		Moro Janam Maran Dhukh Aathh Dhheer ||	Please rid me of the pains of birth and death, and bless me with peace.	ਮਾਇਆ ਤੋਂ ਪੈਦਾ ਹੋਇਆ ਇਹ ਮੇਰਾ ਸਾਰੀ ਉਮਰ ਦਾ ਦੁੱਖ ਦੂਰ ਕਰ,
51618	1194	ਸੁਖਸਾਗਰ ਗੁਨ ਰਉ ਕਬੀਰ॥੩॥੫॥		Sukh Saagar Gun Ro Kabeer ||3||5||	Kabeer utters the Glorious Praises of God, the Ocean of peace. ||3||5||	ਤਾਂ ਜੁ ਮੈਂ ਕਬੀਰ ਤੇਰੇ ਗੁਣ ਚੇਤੇ ਕਰ ਸਕਾਂ ॥੩॥੫॥
51619	1194	ਨਾਇਕੁ ਏਕੁ ਬਨਜਾਰੇ ਪਾਚ॥	ਪਾਂਚ	Naaeik Eaek Banajaarae Paach ||	There is one merchant and five traders.	ਜੀਵ (ਮਾਨੋ) ਇਕ ਸ਼ਾਹ ਹੈ, ਪੰਜ ਗਿਆਨ-ਇੰਦਰੇ (ਇਸ ਸ਼ਾਹ ਦੇ ਨਾਲ) ਵਣਜਾਰੇ ਹਨ।
51620	1194	ਬਰਧ ਪਚੀਸਕ ਸੰਗੁ ਕਾਚ॥		Baradhh Pacheesak Sang Kaach ||	The twenty-five oxen carry false merchandise.	ਪੰਝੀ ਪ੍ਰਕ੍ਰਿਤੀਆਂ (ਕਾਫ਼ਲੇ ਦੇ) ਬਲਦ ਹਨ। ਪਰ ਇਹ ਸਾਰਾ ਸਾਥ ਕੱਚਾ ਹੀ ਹੈ।
51621	1194	ਨਉ ਬਹੀਆਂ ਦਸ ਗੋਨਿ ਆਹਿ॥	(ਬਹੀਆਂ) ਗੋਲਕਾਂ	No Beheeaaan Dhas Gon Aahi ||	There are nine poles which hold the ten bags.	ਨੌ ਗੋਲਕਾਂ (ਮਾਨੋ) ਚੁਆੜੀਆਂ ਹਨ, ਦਸ ਇੰਦਰੇ ਛੱਟਾਂ ਹਨ,
51622	1194	ਕਸਨਿ ਬਹਤਰਿ ਲਾਗੀ ਤਾਹਿ॥੧॥	ਮੋਟੀਆਂ ਬਹੱਤ੍ਰ (ਕਸਨਿ) ਨਾੜੀਆਂ। ਬਹੱਤਰਿ	Kasan Behathar Laagee Thaahi ||1||	The body is tied by the seventy-two ropes. ||1||	ਬਹੱਤਰ ਨਾੜੀਆਂ (ਛੱਟਾਂ ਸੀਉਣ ਲਈ) ਸੇਬੇ ਹਨ ਜੋ ਇਹਨਾਂ (ਇੰਦਰੇ-ਰੂਪ ਛੱਟਾਂ) ਨੂੰ ਲੱਗੀਆਂ ਹੋਈਆਂ ਹਨ ॥੧॥

51623	1194	ਮੋਹਿ ਐਸੇ ਬਨਜ ਸਿਉ ਨਹੀਨ ਕਾਜੁ॥	ਨਹੀ–ਨ	Mohi Aisae Banaj Sio Neheen Kaaj ||	I don't care at all about such commerce.	ਮੈਨੂੰ ਅਜਿਹਾ ਵਣਜ ਕਰਨ ਦੀ ਲੋੜ ਨਹੀਂ,
51624	1195	ਜਿਹ ਘਟੈ ਮੂਲੁ ਨਿਤ ਬਢੈ ਬਿਆਜੁ॥ਰਹਾਉ॥		Jih Ghattai Mool Nith Badtai Biaaj || Rehaao ||	It depletes my capital, and the interest charges only increase. ||Pause||	ਜਿਸ ਵਣਜ ਦੇ ਕੀਤਿਆਂ ਮੂਲ ਘਟਦਾ ਜਾਏ ਤੇ ਵਿਆਜ ਵਧਦਾ ਜਾਏ (ਭਾਵ, ਜਿਉਂ ਜਿਉਂ ਉਮਰ ਗੁਜ਼ਰੇ ਤਿਉਂ ਤਿਉਂ ਵਿਕਾਰਾਂ ਦਾ ਭਾਰ ਵਧੀ ਜਾਏ) ॥ ਰਹਾਉ॥
51625	1195	ਸਾਤ ਸੂਤ ਮਿਲਿ ਬਨਜੁ ਕੀਨ॥		Saath Sooth Mil Banaj Keen ||	Weaving the seven threads together, they carry on their trade.	(ਇਹ ਗਿਆਨ-ਇੰਦਰੇ) ਮਿਲ ਕੇ ਕਈ ਕਿਸਮਾਂ ਦੇ ਸੂਤਰ (ਭਾਵ, ਵਿਕਾਰਾਂ) ਦਾ ਵਣਜ ਕਰ ਰਹੇ ਹਨ,
51626	1195	ਕਰਮ ਭਾਵਨੀ ਸੰਗ ਲੀਨ॥		Karam Bhaavanee Sang Leen ||	They are led on by the karma of their past actions.	ਕੀਤੇ ਕਰਮਾਂ ਦੇ ਸੰਸਕਾਰਾਂ ਨੂੰ ਇਹਨਾਂ (ਆਪਣੀ ਸਹਾਇਤਾ ਵਾਸਤੇ) ਨਾਲ ਲੈ ਲਿਆ ਹੈ (ਭਾਵ, ਇਹ ਪਿਛਲੇ ਸੰਸਕਾਰ ਹੋਰ ਵਿਕਾਰਾਂ ਵਲ ਪ੍ਰੇਰਦੇ ਜਾ ਰਹੇ ਹਨ)।
51627	1195	ਤੀਨਿ ਜਗਾਤੀ ਕਰਤ ਰਾਰਿ॥	(ਰਾਰਿ) ਝਗੜਾ	Theen Jagaathee Karath Raar ||	The three tax-collectors argue with them.	ਤਿੰਨ ਗੁਣ (-ਰੂਪ) ਮਸੂਲੀਏ (ਹੋਰ) ਝਗੜਾ ਵਧਾਉਂਦੇ ਹਨ,
51628	1195	ਚਲੋ ਬਨਜਾਰਾ ਹਾਥ ਝਾਰਿ॥੨॥		Chalo Banajaaraa Haathh Jhaar ||2||	The traders depart empty-handed. ||2||	(ਨਤੀਜਾ ਇਹ ਨਿਕਲਦਾ ਹੈ ਕਿ) ਵਣਜਾਰਾ (ਜੀਵ) ਖ਼ਾਲੀ-ਹੱਥ ਤੁਰ ਪੈਂਦਾ ਹੈ ॥੨॥
51629	1195	ਪੂੰਜੀ ਹਿਰਾਨੀ ਬਨਜੁ ਟੂਟ॥		Poonjee Hiraanee Banaj Ttoott ||	Their capital is exhausted, and their trade is ruined.	ਜਦੋਂ (ਸੁਆਸਾਂ ਦੀ) ਰਾਸ ਖੁੱਸ ਜਾਂਦੀ ਹੈ, ਤਦੋਂ ਵਣਜ ਮੁੱਕ ਜਾਂਦਾ ਹੈ,

51630	1195	ਦਹ ਦਿਸ ਟਾਂਡੋ ਗਇਓ ਫੂਟਿ॥		Dheh Dhis Ttaanddo Gaeiou Foott ||	The caravan is scattered in the ten directions.	ਤੇ ਕਾਫ਼ਲਾ (ਸਰੀਰ) ਦਸੀਂ ਪਾਸੀਂ ਖਿੱਲਰ ਜਾਂਦਾ ਹੈ।
51631	1195	ਕਹਿ ਕਬੀਰ ਮਨ ਸਰਸੀ ਕਾਜ॥		Kehi Kabeer Man Sarasee Kaaj ||	Says Kabeer, O mortal, your tasks will be accomplished,	ਕਬੀਰ ਆਖਦਾ ਹੈ ਕਿ ਹੇ ਮਨ! ਤੇਰਾ ਕੰਮ ਤਾਂ ਹੀ ਸੰਵਰੇਗਾ,
51632	1195	ਸਹਜ ਸਮਾਨੋ ਤ ਭਰਮ ਭਾਜ॥੩॥੬॥		Sehaj Samaano Th Bharam Bhaaj ||3||6||	When you merge in the Celestial Lord; let your doubts run away. ||3||6||	ਜੇ ਤੂੰ ਸਹਿਜ ਅਵਸਥਾ ਵਿਚ ਲੀਨ ਹੋ ਜਾਏਂ ਅਤੇ ਤੇਰੀ ਭਟਕਣਾ ਮੁੱਕ ਜਾਏ ॥੩॥੬॥
51633	1195	ਬਸੰਤੁ ਹਿੰਡੋਲੁ ਘਰੁ ੨		Basanth Hinddol Ghar 2	Basant Hindol, Second House:	ਰਾਗ ਬਸੰਤ/ਹਿੰਡੋਲ, ਘਰ ੨ ਵਿੱਚ ਬਾਣੀ।
51634	1195	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
51635	1195	ਮਾਤਾ ਜੂਠੀ ਪਿਤਾ ਭੀ ਜੂਠਾ ਜੂਠੇ ਹੀ ਫਲ ਲਾਗੇ॥		Maathaa Joothee Pithaa Bhee Joothaa Joothae Hee Fal Laagae ||	The mother is impure, and the father is impure. The fruit they produce is impure.	ਮਾਂ ਅਪਵਿੱਤਰ, ਪਿਉ ਅਪਵਿੱਤਰ, ਇਹਨਾਂ ਤੋਂ ਜੰਮੇ ਹੋਏ ਬਾਲ-ਬੱਚੇ ਭੀ ਅਪਵਿੱਤਰ;
51636	1195	ਆਵਹਿ ਜੂਠੇ ਜਾਹਿ ਭੀ ਜੂਠੇ ਜੂਠੇ ਮਰਹਿ ਅਭਾਗੇ॥੧॥		Aavehi Joothae Jaahi Bhee Joothae Joothae Marehi Abhaagae ||1||	Impure they come, and impure they go. The unfortunate ones die in impurity. ||1||	(ਜਗਤ ਵਿਚ ਜੋ ਭੀ) ਜੰਮਦੇ ਹਨ ਉਹ ਅਪਵਿੱਤਰ, ਜੋ ਮਰਦੇ ਹਨ ਉਹ ਭੀ ਅਪਵਿੱਤਰ; ਬਦ-ਨਸੀਬ ਜੀਵ ਅਪਵਿੱਤਰ ਹੀ ਮਰ ਜਾਂਦੇ ਹਨ ॥੧॥

51637	1195	ਕਹੁ ਪੰਡਿਤ ਸੂਚਾ ਕਵਨੁ ਠਾਉ॥		Kahu Panddith Soochaa Kavan Thaao ||	Tell me, O Pandit, O religious scholar, which place is uncontaminated?	ਹੇ ਪੰਡਿਤ! ਦੱਸ, ਉਹ ਕਿਹੜਾ ਥਾਂ ਹੈ ਜੋ ਸੁੱਚਾ ਹੈ,
51638	1195	ਜਹਾਂ ਬੈਸਿ ਹਉ ਭੋਜਨੁ ਖਾਉ॥੧॥ਰਹਾਉ॥		Jehaan Bais Ho Bhojan Khaao ||1|| Rehaao ||	Where should I sit to eat my meal? ||1||Pause||	ਜਿੱਥੇ ਬੈਠ ਕੇ ਮੈਂ ਰੋਟੀ ਖਾ ਸਕਾਂ (ਤਾਂ ਜੁ ਪੂਰੀ ਸੁੱਚ ਰਹਿ ਸਕੇ)? ॥੧॥ ਰਹਾਉ ॥
51639	1195	ਜਿਹਬਾ ਜੂਠੀ ਬੋਲਤ ਜੂਠਾ ਕਰਨ ਨੇਤ੍ਰ ਸਭਿ ਜੂਠੇ॥		Jihabaa Joothee Bolath Joothaa Karan Naethr Sabh Joothae ||	The tongue is impure, and its speech is impure. The eyes and ears are totally impure.	(ਮਨੁੱਖ ਦੀ) ਜੀਭ ਮੈਲੀ, ਬਚਨ ਭੀ ਮਾੜੇ, ਕੰਨ ਅੱਖਾਂ ਆਦਿਕ ਸਾਰੇ ਹੀ ਅਪਵਿੱਤਰ,
51640	1195	ਇੰਦ੍ਰੀ ਕੀ ਜੂਠਿ ਉਤਰਸਿ ਨਾਹੀ ਬ੍ਰਹਮ ਅਗਨਿ ਕੇ ਲੂਠੇ॥੨॥	ਉੱਤਰਸਿ	Eindhree Kee Jooth Outharas Naahee Breham Agan Kae Loothae ||2||	The impurity of the sexual organs does not depart; the Brahmin is burnt by the fire. ||2||	(ਇਹਨਾਂ ਤੋਂ ਵਧੀਕ) ਕਾਮ-ਚੇਸ਼ਟਾ (ਐਸੀ ਹੈ ਜਿਸ) ਦੀ ਮੈਲ ਲਹਿੰਦੀ ਹੀ ਨਹੀਂ। ਹੇ ਬ੍ਰਾਹਮਣ-ਪੁਣੇ ਦੇ ਮਾਣ ਦੀ ਅੱਗ ਦੇ ਸੜੇ ਹੋਏ! (ਦੱਸ, ਸੁੱਚੀ ਕਿਹੜੀ ਸ਼ੈ ਹੋਈ?) ॥੨॥
51641	1195	ਅਗਨਿ ਭੀ ਜੂਠੀ ਪਾਨੀ ਜੂਠਾ ਜੂਠੀ ਬੈਸਿ ਪਕਾਇਆ॥		Agan Bhee Joothee Paanee Joothaa Joothee Bais Pakaaeiaa ||	The fire is impure, and the water is impure. The place where you sit and cook is impure.	ਅੱਗ ਜੂਠੀ, ਪਾਣੀ ਜੂਠਾ, ਪਕਾਣ ਵਾਲੀ ਭੀ ਜੂਠੀ,

51642	1195	ਜੂਠੀ ਕਰਛੀ ਪਰੋਸਨ ਲਾਗਾ ਜੂਠੇ ਹੀ ਬੈਠਿ ਖਾਇਆ॥੩॥		Joothee Karashhee Parosan Laagaa Joothae Hee Baith Khaaeiaa ||3||	Impure is the ladle which serves the food. Impure is the one who sits down to eat it. ||3||	ਕੜਛੀ ਜੂਠੀ ਜਿਸ ਨਾਲ (ਭਾਜੀ ਆਦਿਕ) ਵਰਤਾਉਂਦਾ ਹੈ, ਉਹ ਪ੍ਰਾਣੀ ਭੀ ਜੂਠਾ ਜਿਹੜਾ ਬਹਿ ਕੇ ਖਾਂਦਾ ਹੈ ॥੩॥
51643	1195	ਗੋਬਰੁ ਜੂਠਾ ਚਉਕਾ ਜੂਠਾ ਜੂਠੀ ਦੀਨੀ ਕਾਰਾ॥		Gobar Joothaa Choukaa Joothaa Joothee Dheenee Kaaraa ||	Impure is the cow dung, and impure is the kitchen square. Impure are the lines that mark it off.	ਗੋਹਾ ਜੂਠਾ, ਚੌਕਾ ਜੂਠਾ, ਜੂਠੀਆਂ ਹੀ ਉਸ ਚੌਕੇ ਦੇ ਦੁਆਲੇ ਪਾਈਆਂ ਲਕੀਰਾਂ;
51644	1195	ਕਹਿ ਕਬੀਰ ਤੇਈ ਨਰ ਸੂਚੇ ਸਾਚੀ ਪਰੀ ਬਿਚਾਰਾ॥੪॥੧॥੭॥		Kehi Kabeer Thaeee Nar Soochae Saachee Paree Bichaaraa ||4||1||7||	Says Kabeer, they alone are pure, who have obtained pure understanding. ||4||1||7||	ਕਬੀਰ ਆਖਦਾ ਹੈ ਕਿ ਸਿਰਫ਼ ਉਹੀ ਮਨੁੱਖ ਸੁੱਚੇ ਹਨ ਜਿਨ੍ਹਾਂ ਨੂੰ ਪਰਮਾਤਮਾ ਦੀ ਸੂਝ ਆ ਗਈ ਹੈ ॥੪॥੧॥੭॥
51645	1195	ਰਾਮਾਨੰਦ ਜੀ ਘਰੁ ੧		Raamaanandh Jee Ghar 1	Raamaanand Jee, First House:	(ਰਾਗ ਬਸੰਤੁ) ਘਰ ੧ ਵਿੱਚ ਭਗਤ ਰਾਮਾਨੰਦ ਜੀ ਦੀ ਬਾਣੀ।
51646	1195	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
51647	1195	ਕਤ ਜਾਈਐ ਰੇ ਘਰ ਲਾਗੋ ਰੰਗੁ॥		Kath Jaaeeai Rae Ghar Laago Rang ||	Where should I go? My home is filled with bliss.	ਹੇ ਭਾਈ! ਹੋਰ ਕਿਥੇ ਜਾਈਏ? (ਹੁਣ) ਹਿਰਦੇ-ਘਰ ਵਿਚ ਹੀ ਮੌਜ ਬਣ ਗਈ ਹੈ;

51648	1195	ਮੇਰਾ ਚਿਤੁ ਨ ਚਲੈ ਮਨੁ ਭਇਓ ਪੰਗੁ॥੧॥ਰਹਾਉ॥		Maeraa Chith N Chalai Man Bhaeiou Pang ||1|| Rehaao ||	My consciousness does not go out wandering. My mind has become crippled. ||1||Pause||	ਮੇਰਾ ਮਨ ਹੁਣ ਡੋਲਦਾ ਨਹੀਂ, ਥਿਰ ਹੋ ਗਿਆ ਹੈ ॥੧॥ ਰਹਾਉ ॥
51649	1195	ਏਕ ਦਿਵਸ ਮਨ ਭਈ ਉਮੰਗ॥		Eaek Dhivas Man Bhee Oumang ||	One day, a desire welled up in my mind.	ਇੱਕ ਦਿਨ ਮੇਰੇ ਮਨ ਵਿਚ ਭੀ ਤਾਂਘ ਪੈਦਾ ਹੋਈ ਸੀ,
51650	1195	ਘਸਿ ਚੰਦਨ ਚੋਆ ਬਹੁ ਸੁਗੰਧ॥		Ghas Chandhan Choaa Bahu Sugandhh ||	I ground up sandalwood, along with several fragrant oils.	ਮੈਂ ਚੰਦਨ ਘਸਾ ਕੇ ਅਤਰ ਤੇ ਹੋਰ ਕਈ ਸੁਗੰਧੀਆਂ ਲੈ ਲਈਆਂ,
51651	1195	ਪੂਜਨ ਚਾਲੀ ਬ੍ਰਹਮ ਠਾਇ॥		Poojan Chaalee Breham Thaae ||	I went to God's place, and worshipped Him there.	ਤੇ ਮੈਂ ਮੰਦਰ ਵਿਚ ਪੂਜਾ ਕਰਨ ਲਈ ਤੁਰ ਪਈ।
51652	1195	ਸੋ ਬ੍ਰਹਮੁ ਬਤਾਇਓ ਗੁਰ ਮਨ ਹੀ ਮਾਹਿ॥੧॥		So Breham Bathaaeiou Gur Man Hee Maahi ||1||	That God showed me the Guru, within my own mind. ||1||	ਪਰ ਹੁਣ ਤਾਂ ਮੈਨੂੰ ਉਹ ਪਰਮਾਤਮਾ (ਜਿਸ ਨੂੰ ਮੈਂ ਮੰਦਰ ਵਿਚ ਰਹਿੰਦਾ ਸਮਝਦੀ ਸਾਂ) ਮੇਰੇ ਗੁਰੂ ਨੇ ਮੇਰੇ ਮਨ ਵਿਚ ਵੱਸਦਾ ਹੀ ਵਿਖਾ ਦਿੱਤਾ ਹੈ ॥੧॥
51653	1195	ਜਹਾ ਜਾਈਐ ਤਹ ਜਲ ਪਖਾਨ॥		Jehaa Jaaeeai Theh Jal Pakhaan ||	Wherever I go, I find water and stones.	(ਤੀਰਥਾਂ ਉਤੇ ਜਾਈਏ ਚਾਹੇ ਮੰਦਰਾਂ ਵਿਚ ਜਾਈਏ) ਜਿਥੇ ਭੀ ਜਾਈਏ ਉਥੇ ਪਾਣੀ ਹੈ ਜਾਂ ਪੱਥਰ ਹਨ।
51654	1195	ਤੂ ਪੂਰਿ ਰਹਿਓ ਹੈ ਸਭ ਸਮਾਨ॥		Thoo Poor Rehiou Hai Sabh Samaan ||	You are totally pervading and permeating in all.	ਹੇ ਪ੍ਰਭੂ! ਤੂੰ ਹਰ ਥਾਂ ਇੱਕੋ ਜਿਹਾ ਭਰਪੂਰ ਹੈਂ।

51655	1195	ਬੇਦ ਪੁਰਾਨ ਸਭ ਦੇਖੇ ਜੋਇ॥		Baedh Puraan Sabh Dhaekhae Joe ||	I have searched through all the Vedas and the Puraanas.	ਵੇਦ ਪੁਰਾਨ ਆਦਿਕ ਧਰਮ-ਪੁਸਤਕਾਂ ਭੀ ਖੋਜ ਕੇ ਵੇਖ ਲਈਆਂ ਹਨ।
51656	1195	ਊਹਾਂ ਤਉ ਜਾਈਐ ਜਉ ਈਹਾਂ ਨ ਹੋਇ॥੨॥		Oohaan Tho Jaaeeai Jo Eehaan N Hoe ||2||	I would go there, only if the Lord were not here. ||2||	ਸੋ ਤਰੀਥਾਂ ਤੇ ਮੰਦਰਾਂ ਵਿਚ ਤਦੋਂ ਹੀ ਜਾਣ ਦੀ ਲੋੜ ਪਏ ਜੇ ਪਰਮਾਤਮਾ ਇਥੇ ਮੇਰੇ ਮਨ ਵਿਚ ਨਾਹ ਵੱਸਦਾ ਹੋਵੇ ॥੨॥
51657	1195	ਸਤਿਗੁਰ ਮੈ ਬਲਿਹਾਰੀ ਤੋਰ॥		Sathigur Mai Balihaaree Thor ||	I am a sacrifice to You, O my True Guru.	ਹੇ ਸਤਿਗੁਰੂ! ਮੈਂ ਤੈਥੋਂ ਸਦਕੇ ਹਾਂ,
51658	1195	ਜਿਨਿ ਸਕਲ ਬਿਕਲ ਭ੍ਰਮ ਕਾਟੇ ਮੋਰ॥		Jin Sakal Bikal Bhram Kaattae Mor ||	You have cut through all my confusion and doubt.	ਜਿਸ ਨੇ ਮੇਰੇ ਸਾਰੇ ਔਖੇ ਭੁਲੇਖੇ ਦੂਰ ਕਰ ਦਿੱਤੇ ਹਨ।
51659	1195	ਰਾਮਾਨੰਦ ਸੁਆਮੀ ਰਮਤ ਬ੍ਰਹਮ॥		Raamaanandh Suaamee Ramath Breham ||	Raamaanand's Lord and Master is the All-pervading Lord God.	ਰਾਮਾਨੰਦ ਦਾ ਮਾਲਕ ਪ੍ਰਭੂ ਹਰ ਥਾਂ ਮੌਜੂਦ ਹੈ,
51660	1195	ਗੁਰ ਕਾ ਸਬਦੁ ਕਾਟੈ ਕੋਟਿ ਕਰਮ॥੩॥੧॥		Gur Kaa Sabadh Kaattai Kott Karam ||3||1||	The Word of the Guru's Shabad eradicates the karma of millions of past actions. ||3||1||	(ਤੇ, ਗੁਰੂ ਦੀ ਰਾਹੀਂ ਮਿਲਦਾ ਹੈ, ਕਿਉਂਕਿ) ਗੁਰੂ ਦਾ ਸ਼ਬਦ ਕ੍ਰੋੜਾਂ (ਕੀਤੇ ਮੰਦੇ) ਕਰਮਾਂ ਦਾ ਨਾਸ ਕਰ ਦੇਂਦਾ ਹੈ ॥੩॥੧॥
51661	1195	ਬਸੰਤੁ ਬਾਣੀ ਨਾਮਦੇਉ ਜੀ ਕੀ		Basanth Baanee Naamadhaeo Jee Kee	Basant, The Word Of Naam Dayv Jee:	ਰਾਗ ਬਸੰਤੁ ਵਿੱਚ ਭਗਤ ਨਾਮਦੇਵ ਜੀ ਦੀ ਬਾਣੀ।

51662	1195	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
51663	1195	ਸਾਹਿਬੁ ਸੰਕਟਵੈ ਸੇਵਕੁ ਭਜੈ॥	(ਸੰਕਟਵੈ) ਦੁੱਖ। ਭੱਜੈ	Saahib Sankattavai Saevak Bhajai ||	If the servant runs away when his master is in trouble,	ਜੇ ਮਾਲਕ ਆਪਣੇ ਨੌਕਰ ਨੂੰ ਕੋਈ ਕਸ਼ਟ ਦੇਵੇ, ਤੇ ਨੌਕਰ (ਉਸ ਕਸ਼ਟ ਤੋਂ ਡਰਦਾ) ਨੱਠ ਜਾਏ,
51664	1195	ਚਿਰੰਕਾਲ ਨ ਜੀਵੈ ਦੋਊ ਕੁਲ ਲਜੈ॥੧॥	ਲੱਜੈ	Chirankaal N Jeevai Dhooo Kul Lajai ||1||	He will not have a long life, and he brings shame to all his family. ||1||	(ਜਿੰਦ ਨੂੰ ਕਸ਼ਟਾਂ ਤੋਂ ਬਚਾਉਣ ਦੀ ਖ਼ਾਤਰ ਨੱਠਿਆ ਹੋਇਆ) ਨੌਕਰ ਸਦਾ ਤਾਂ ਜੀਊਂਦਾ ਨਹੀਂ ਰਹਿੰਦਾ, ਪਰ (ਮਾਲਕ ਨੂੰ ਪਿੱਠ ਦੇ ਕੇ) ਆਪਣੀਆਂ ਦੋਵੇਂ ਕੁਲਾਂ ਬਦਨਾਮ ਕਰ ਲੈਂਦਾ ਹੈ। (ਹੇ ਪ੍ਰਭੂ! ਲੋਕਾਂ ਦੇ ਇਸ ਠੱਠੇ ਤੋਂ ਡਰ ਕੇ ਮੈਂ ਤੇਰੇ ਦਰ ਤੋਂ ਨੱਠ ਨਹੀਂ ਜਾਣਾ) ॥੧॥
51665	1195	ਤੇਰੀ ਭਗਤਿ ਨ ਛੋਡਉ ਭਾਵੈ ਲੋਗੁ ਹਸੈ॥		Thaeree Bhagath N Shhoddo Bhaavai Log Hasai ||	I shall not abandon devotional worship of You, O Lord, even if the people laugh at me.	(ਹੁਣ) ਜਗਤ ਭਾਵੇਂ ਪਿਆ ਠੱਠਾ ਕਰੇ, ਮੈਂ ਤੇਰੀ ਭਗਤੀ ਨਹੀਂ ਛੱਡਾਂਗਾ।
51666	1195	ਚਰਨਕਮਲ ਮੇਰੇ ਹੀਅਰੇ ਬਸੈ॥੧॥ਰਹਾਉ॥		Charan Kamal Maerae Heearae Basain ||1|| Rehaao ||	The Lord's Lotus Feet abide within my heart. ||1||Pause||	ਹੇ ਪ੍ਰਭੂ! ਕੰਵਲ ਫੁੱਲਾਂ ਵਰਗੇ ਕੋਮਲ ਤੇਰੇ ਚਰਨ ਮੇਰੇ ਹਿਰਦੇ ਵਿਚ ਵੱਸਦੇ ਹਨ, (ਤੇ ਮੈਨੂੰ ਬੜੇ ਪਿਆਰੇ ਲੱਗਦੇ ਹਨ ॥੧॥ ਰਹਾਉ ॥

51667	1195	ਜੈਸੇ ਅਪਨੇ ਧਨਹਿ ਪ੍ਰਾਨੀ ਮਰਨੁ ਮਾਂਡੈ॥		Jaisae Apanae Dhhanehi Praanee Maran Maanddai ||	The mortal will even die for the sake of his wealth;	ਜਿਵੇਂ ਆਪਣਾ ਧਨ ਬਚਾਣ ਦੀ ਖ਼ਾਤਰ ਮਨੁੱਖ ਮਰਨ ਤੇ ਭੀ ਤੁਲ ਪੈਂਦਾ ਹੈ,
51668	1195	ਤੈਸੇ ਸੰਤ ਜਨਾਂ ਰਾਮ ਨਾਮੁ ਨ ਛਾਡੈਂ॥੨॥		Thaisae Santh Janaan Raam Naam N Shhaaddain ||2||	In the same way, the Saints do not forsake the Lord's Name. ||2||	ਤਿਵੇਂ ਪ੍ਰਭੂ ਦੇ ਭਗਤ ਭੀ ਪ੍ਰਭੂ ਦਾ ਨਾਮ (ਧਨ) ਨਹੀਂ ਛੱਡਦੇ (ਉਹਨਾਂ ਪਾਸ ਭੀ ਪ੍ਰਭੂ ਦਾ ਨਾਮ ਹੀ ਧਨ ਹੈ) ॥੨॥
51669	1195	ਗੰਗਾ ਗਇਆ ਗੋਦਾਵਰੀ ਸੰਸਾਰ ਕੇ ਕਾਮਾ॥		Gangaa Gaeiaa Godhaavaree Sansaar Kae Kaamaa ||	Pilgrimages to the Ganges, the Gaya and the Godawari are merely worldly affairs.	ਗੰਗਾ, ਗਇਆ, ਗੋਦਾਵਰੀ (ਆਦਿਕ ਤੀਰਥਾਂ ਤੇ ਜਾਣਾ-ਇਹ) ਦੁਨੀਆ ਨੂੰ ਹੀ ਪਤਿਆਉਣ ਵਾਲੇ ਕੰਮ ਹਨ;
51670	1196	ਨਾਰਾਇਣੁ ਸੁਪ੍ਰਸੰਨ ਹੋਇ ਤ ਸੇਵਕੁ ਨਾਮਾ॥੩॥੧॥	ਸੁਪ੍ਰਸੰਨ	Naaraaein Suprasann Hoe Th Saevak Naamaa ||3||1||	If the Lord were totally pleased, then He would let Naam Dayv be His servant. ||3||1||	ਪਰ, ਹੇ ਨਾਮਦੇਵ! ਭਗਤ ਉਹੀ ਹੈ ਜਿਸ ਉੱਤੇ ਪ੍ਰਭੂ ਆਪ ਤੁੱਠ ਪਏ (ਤੇ ਆਪਣੇ ਨਾਮ ਦੀ ਦਾਤ ਦਏ) ॥੩॥੧॥
51671	1196	ਲੋਭ ਲਹਰਿ ਅਤਿ ਨੀਝਰ ਬਾਜੈ॥	ਲਹ-ਰਿ	Lobh Lehar Ath Neejhar Baajai ||	The tidal waves of greed constantly assault me.	ਹੇ ਪ੍ਰਭੂ! ਲੋਭ ਦੀਆਂ ਠਿੱਲ੍ਹਾਂ ਬੜੀਆਂ ਠਾਠਾਂ ਮਾਰ ਰਹੀਆਂ ਹਨ।
51672	1196	ਕਾਇਆ ਡੂਬੈ ਕੇਸਵਾ॥੧॥		Kaaeiaa Ddoobai Kaesavaa ||1||	My body is drowning, O Lord. ||1||	ਹੇ ਸੁਹਣੇ ਕੇਸਾਂ ਵਾਲੇ ਪ੍ਰਭੂ! (ਸੰਸਾਰ-ਸਮੁੰਦਰ ਦੀਆਂ ਇਹਨਾਂ ਲਹਿਰਾਂ ਵਿਚ) ਮੇਰਾ ਸਰੀਰ ਡੁੱਬਦਾ ਜਾ ਰਿਹਾ ਹੈ ॥੧॥

51673	1196	ਸੰਸਾਰੁ ਸਮੁੰਦੇ ਤਾਰਿ ਗੋਬਿੰਦੇ॥		Sansaar Samundhae Thaar Guobindhae ||	Please carry me across the world-ocean, O Lord of the Universe.	ਮੈਨੂੰ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘਾ ਲੈ,
51674	1196	ਤਾਰਿ ਲੈ ਬਾਪ ਬੀਠੁਲਾ॥੧॥ਰਹਾਉ॥		Thaar Lai Baap Beethulaa ||1|| Rehaao ||	Carry me across, O Beloved Father. ||1||Pause||	ਹੇ ਬੀਠਲ ਪਿਤਾ! ਹੇ ਗੋਬਿੰਦ! (ਮੈਨੂੰ ਪਾਰ ਲੰਘਾ ਲੈ) ॥੧॥ ਰਹਾਉ ॥
51675	1196	ਅਨਿਲ ਬੇੜਾ ਹਉ ਖੇਵਿ ਨ ਸਾਕਉ॥	ਅਨਿਲ (ਪੌਣ)। (ਖੇਵਿ) ਸਹਾਰ। (ਸਾਕਉ)ਸਕਦਾ	Anil Baerraa Ho Khaev N Saako ||	I cannot steer my ship in this storm.	ਹੇ ਬੀਠਲ! (ਮੇਰੀ ਜ਼ਿੰਦਗੀ ਦੀ) ਬੇੜੀ ਝੱਖੜ ਵਿਚ (ਫਸ ਗਈ ਹੈ); ਮੈਂ ਇਸ ਨੂੰ ਚੱਪੂ ਲਾਣ ਜੋਗਾ ਨਹੀਂ ਹਾਂ;
51676	1196	ਤੇਰਾ ਪਾਰੁ ਨ ਪਾਇਆ ਬੀਠੁਲਾ॥੨॥		Thaeraa Paar N Paaeiaa Beethulaa ||2||	I cannot find the other shore, O Beloved Lord. ||2||	ਪ੍ਰਭੂ! ਤੇਰੇ (ਇਸ ਸੰਸਾਰ-ਸਮੁੰਦਰ ਦਾ) ਮੈਨੂੰ ਪਾਰਲਾ ਬੰਨਾ ਨਹੀਂ ਲੱਭਦਾ ॥੨॥
51677	1196	ਹੋਹੁ ਦਇਆਲੁ ਸਤਿਗੁਰੁ ਮੇਲਿ ਤੂ ਮੋਕਉ ਪਾਰਿ ਉਤਾਰੇ ਕੇਸਵਾ॥੩॥		Hohu Dhaeiaal Sathigur Mael Thoo MoKo Paar Outhaarae Kaesavaa ||3||	Please be merciful, and unite me with the True Guru; Carry me across, O Lord. ||3||	ਮੇਰੇ ਉੱਤੇ ਦਇਆ ਕਰ, ਮੈਨੂੰ ਗੁਰੂ ਮਿਲਾ, ਤੇ ਹੇ ਕੇਸ਼ਵ! (ਇਸ ਸਮੁੰਦਰ ਵਿਚੋਂ) ਪਾਰ ਲੰਘਾ ॥੩॥

51678	1196	ਨਾਮਾ ਕਹੈ ਹਉ ਤਰਿ ਭੀ ਨ ਜਾਨਉ॥		Naamaa Kehai Ho Thar Bhee N Jaano ||	Says Naam Dayv, I do not know how to swim.	(ਤੇਰਾ) ਨਾਮਦੇਵ, ਹੇ ਬੀਠਲ! ਬੇਨਤੀ ਕਰਦਾ ਹੈ-(ਸਮੁੰਦਰ ਵਿਚ ਠਿਲ੍ਹਾਂ ਪੈ ਰਹੀਆਂ ਹਨ, ਮੇਰੀ ਬੇੜੀ ਝੱਖੜ ਦੇ ਮੂੰਹ ਆ ਪਈ ਹੈ, ਤੇ) ਮੈਂ ਤਾਂ ਤਰਨਾ ਭੀ ਨਹੀਂ ਜਾਣਦਾ,
51679	1196	ਮੋਕਉ ਬਾਹ ਦੇਹਿ ਬਾਹ ਦੇਹਿ ਬੀਠੁਲਾ॥੪॥੨॥	ਬਾਂਹ	Mo Ko Baah Dhaehi Baah Dhaehi Beethulaa ||4||2||	Give me Your Arm, give me Your Arm, O Beloved Lord. ||4||2||	ਮੈਨੂੰ ਆਪਣੀ ਬਾਂਹ ਫੜਾ, ਦਾਤਾ! ਬਾਂਹ ਫੜਾ ॥੪॥੨॥
51680	1196	ਸਹਜ ਅਵਲਿ ਧੂੜਿ ਮਣੀ ਗਾਡੀ ਚਾਲਤੀ॥	ਅੱਵਲਿ	Sehaj Aval Dhoorr Manee Gaaddee Chaalathee ||	Slowly at first, the body-cart loaded with dust starts to move.	(ਜਿਵੇਂ) ਪਹਿਲਾਂ (ਭਾਵ, ਅੱਗੇ ਅੱਗੇ) ਮੈਲੇ ਕੱਪੜਿਆਂ ਨਾਲ ਲੱਦੀ ਹੋਈ ਗੱਡੀ ਸਹਿਜੇ ਸਹਿਜੇ ਤੁਰੀ ਜਾਂਦੀ ਹੈ,
51681	1196	ਪੀਛੈ ਤਿਨਕਾ ਲੈ ਕਰਿ ਹਾਂਕਤੀ॥੧॥		Peeshhai Thinakaa Lai Kar Haankathee ||1||	Later, it is driven on by the stick. ||1||	ਅਤੇ ਪਿੱਛੇ ਪਿੱਛੇ (ਧੋਬਣ) ਸੋਟੀ ਲੈ ਕੇ ਹਿੱਕਦੀ ਜਾਂਦੀ ਹੈ; (ਤਿਵੇਂ ਪਹਿਲਾਂ ਇਹ ਆਲਸੀ ਸਰੀਰ ਸਹਿਜੇ ਸਹਿਜੇ ਟੁਰਦਾ ਹੈ, ਪਰ 'ਲਾਡੂਲੀ' ਇਸ ਨੂੰ ਪ੍ਰੇਮ ਆਦਿਕ ਨਾਲ ਪ੍ਰੇਰਦੀ ਹੈ) ॥੧॥
51682	1196	ਜੈਸੇ ਪਨਕਤ ਥੂ ਟਿਟਿ ਹਾਂਕਤੀ॥		Jaisae Panakath Thhroottitt Haankathee ||	The body moves along like the ball of dung, driven on by the dung-beetle.	ਜਿਵੇਂ (ਧੋਬਣ) (ਉਸ ਗੱਡੀ ਨੂੰ) ਪਾਣੀ ਦੇ ਘਾਟ ਵਲ 'ਥ੍ਰਟਿਟਿ' ਆਖ ਆਖ ਕੇ ਹਿੱਕਦੀੱ ਹੈ,

51683	1196	ਸਰਿ ਧੋਵਨ ਚਾਲੀ ਲਾਡੁਲੀ॥੧॥ਰਹਾਉ ॥		Sar Dhhovan Chaalee Laaddulee ||1|| Rehaao ||	The beloved soul goes down to the pool to wash itself clean. ||1||Pause||	ਅਤੇ ਸਰ ਉੱਤੇ (ਧੋਬੀ ਦੀ) ਲਾਡਲੀ (ਇਸਤ੍ਰੀ) (ਕੱਪੜੇ) ਧੋਣ ਲਈ ਜਾਂਦੀ ਹੈ, ਤਿਵੇਂ ਪ੍ਰੇਮਣ (ਜੀਵ-ਇਸਤ੍ਰੀ) ਸਤਸੰਗ ਸਰੋਵਰ ਉੱਤੇ (ਮਨ ਨੂੰ) ਧੋਣ ਲਈ ਜਾਂਦੀ ਹੈ ॥੧॥ ਰਹਾਉ ॥
51684	1196	ਧੋਬੀ ਧੋਵै ਬਿਰਹ ਬਿਰਾਤਾ॥		Dhhobee Dhhovai Bireh Biraathaa ||	The washerman washes, imbued with the Lord's Love.	ਪਿਆਰ ਵਿਚ ਰੰਗਿਆ ਹੋਇਆ ਧੋਬੀ (-ਗੁਰੂ ਸਰੋਵਰ ਤੇ ਆਈਆਂ ਜਗਿਆਸੂ-ਇਸਤ੍ਰੀਆਂ ਦੇ ਮਨ) ਪਵਿੱਤਰ ਕਰ ਦੇਂਦਾ ਹੈ;
51685	1196	ਹਰਿ ਚਰਨ ਮੇਰਾ ਮਨੁ ਰਾਤਾ॥੨॥		Har Charan Maeraa Man Raathaa ||2||	My mind is imbued with the Lord's Lotus Feet. ||2||	(ਉਸੇ ਗੁਰੂ-ਧੋਬੀ ਦੀ ਮਿਹਰ ਦਾ ਸਦਕਾ) ਮੇਰਾ ਮਨ (ਭੀ) ਅਕਾਲ ਪੁਰਖ ਦੇ ਚਰਨਾਂ ਵਿਚ ਰੰਗਿਆ ਗਿਆ ਹੈ ॥੨॥
51686	1196	ਭਣਤਿ ਨਾਮਦੇਉ ਰਮਿ ਰਹਿਆ॥		Bhanath Naamadhaeo Ram Rehiaa ||	Prays Naam Dayv, O Lord, You are All-pervading.	ਨਾਮਦੇਵ ਆਖਦਾ ਹੈ ਕਿ ਉਹ ਅਕਾਲ ਪੁਰਖ ਸਭ ਥਾਈਂ ਵਿਆਪਕ ਹੈ,
51687	1196	ਅਪਨੇ ਭਗਤ ਪਰ ਕਰਿ ਦਇਆ॥੩॥੩॥		Apanae Bhagath Par Kar Dhaeiaa ||3||3||	Please be kind to Your devotee. ||3||3||	ਅਤੇ ਆਪਣੇ ਭਗਤਾਂ ਉੱਤੇ (ਇਸੇ ਤਰ੍ਹਾਂ, ਭਾਵ, ਗੁਰੂ ਦੀ ਰਾਹੀਂ) ਮਿਹਰ ਕਰਦਾ ਰਹਿੰਦਾ ਹੈ ॥੩॥੩॥
51688	1196	ਬਸੰਤੁ ਬਾਣੀ ਰਵਿਦਾਸ ਜੀ ਕੀ		Basanth Baanee Ravidhaas Jee Kee	Basant, The Word Of Ravi Daas Jee:	ਰਾਗ ਬਸੰਤੁ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ।

51689	1196	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
51690	1196	ਤੁਝਹਿ ਸੁਝੰਤਾ ਕਛੂ ਨਾਹਿ॥		Thujhehi Sujhanthaa Kashhoo Naahi ||	You know nothing.	(ਹੇ ਕਾਇਆਂ!) ਤੈਨੂੰ ਕੁਝ ਭੀ ਸੁਰਤ ਨਹੀਂ ਰਹੀ,
51691	1196	ਪਹਿਰਾਵਾ ਦੇਖੇ ਊਭਿ ਜਾਹਿ॥	(ਊਭਿ) ਹੰਕਾਰ ਚ ਉਚਾ ਹੋਣਾ	Pehiraavaa Dhaekhae Oobh Jaahi ||	Seeing your clothes, you are so proud of yourself.	ਤੂੰ ਆਪਣਾ ਠਾਠ ਵੇਖ ਕੇ ਆਕੜਦੀ ਹੈਂ।
51692	1196	ਗਰਬਵਤੀ ਕਾ ਨਾਹੀ ਠਾਉ॥		Garabavathee Kaa Naahee Thaao ||	The proud bride shall not find a place with the Lord.	(ਵੇਖ) ਅਹੰਕਾਰਨ ਦਾ ਕੋਈ ਥਾਂ ਨਹੀਂ (ਹੁੰਦਾ),
51693	1196	ਤੇਰੀ ਗਰਦਨਿ ਊਪਰਿ ਲਵੈ ਕਾਉ॥੧॥		Thaeree Garadhan Oopar Lavai Kaao ||1||	Above your head, the crow of death is cawing. ||1||	ਤੇਰੇ ਮੰਦੇ ਦਿਨ ਆਏ ਹੋਏ ਹਨ (ਕਿ ਤੂੰ ਝੂਠਾ ਮਾਣ ਕਰ ਰਹੀ ਹੈਂ) ॥੧॥
51694	1196	ਤੂ ਕਾਂਇ ਗਰਬਹਿ ਬਾਵਲੀ॥		Thoo Kaane Garabehi Baavalee ||	Why are you so proud? You are insane.	ਹੇ ਮੇਰੀ ਕਮਲੀ ਕਾਇਆਂ! ਤੂੰ ਕਿਉਂ ਮਾਣ ਕਰਦੀ ਹੈਂ?
51695	1196	ਜੈਸੇ ਭਾਦਉ ਖੂੰਬ ਰਾਜੁ ਤੂ ਤਿਸ ਤੇ ਖਰੀ ਉਤਾਵਲੀ॥੧॥ਰਹਾਉ॥	(ਰਾਜੁ) ਪ੍ਰਕਾਸ਼	Jaisae Bhaadho Khoonbaraaj Thoo This Thae Kharee Outhaavalee ||1|| Rehaao ||	Even the mushrooms of summer live longer than you. ||1||Pause||	ਤੂੰ ਤਾਂ ਉਸ ਖੁੰਬ ਨਾਲੋਂ ਭੀ ਛੇਤੀ ਨਾਸ ਹੋ ਜਾਣ ਵਾਲੀ ਹੈਂ ਜੋ ਭਾਦਰੋਂ ਵਿਚ (ਉੱਗਦੀ ਹੈ) ॥੧॥ ਰਹਾਉ ॥

51696	1196	ਜੈਸੇ ਕੁਰੰਕ ਨਹੀ ਪਾਇਓ ਭੇਦੁ॥		Jaisae Kurank Nehee Paaeiou Bhaedh ||	The deer does not know the secret;	(ਹੇ ਕਾਇਆਂ!) ਜਿਵੇਂ ਹਰਨ ਨੂੰ ਇਹ ਭੇਤ ਨਹੀਂ ਮਿਲਦਾ ਕਿ ਕਸਤੂਰੀ ਦੀ ਸੁਗੰਧੀ ਉਸ ਦੇ ਆਪਣੇ ਸਰੀਰ ਵਿਚੋਂ (ਆਉਂਦੀ ਹੈ),
51697	1196	ਤਨਿ ਸੁਗੰਧ ਢੂਢੈ ਪ੍ਰਦੇਸੁ॥		Than Sugandhh Dtoodtai Pradhaes ||	The musk is within its own body, but it searches for it outside.	ਪਰ ਉਹ ਪਰਦੇਸ ਢੂੰਢਦਾ ਫਿਰਦਾ ਹੈ (ਤਿਵੇਂ ਤੈਨੂੰ ਇਹ ਸਮਝ ਨਹੀਂ ਕਿ ਸੁਖਾਂ ਦਾ ਮੂਲ-ਪ੍ਰਭੂ ਤੇਰੇ ਆਪਣੇ ਅੰਦਰ ਹੈ)।
51698	1196	ਅਪ ਤਨ ਕਾ ਜੋ ਕਰੇ ਬੀਚਾਰੁ॥		Ap Than Kaa Jo Karae Beechaar ||	Whoever reflects on his own body	ਜੋ ਜੀਵ ਆਪਣੇ ਸਰੀਰ ਦੀ ਵਿਚਾਰ ਕਰਦਾ ਹੈ (ਕਿ ਇਹ ਸਦਾ-ਥਿਰ ਰਹਿਣ ਵਾਲਾ ਨਹੀਂ),
51699	1196	ਤਿਸੁ ਨਹੀ ਜਮਕੰਕਰੁ ਕਰੇ ਖੁਆਰੁ॥੨॥		This Nehee Jamakankar Karae Khuaar ||2||	- the Messenger of Death does not abuse him. ||2||	ਉਸ ਨੂੰ ਜਮਦੂਤ ਖ਼ੁਆਰ ਨਹੀਂ ਕਰਦਾ ॥੨॥
51700	1196	ਪੁਤ੍ਰ ਕਲਤ੍ਰ ਕਾ ਕਰਹਿ ਅਹੰਕਾਰੁ॥	ਕ-ਲੱਤ੍ਰ	Puthr Kalathr Kaa Karehi Ahankaar ||	The man is so proud of his sons and his wife;	(ਹੇ ਕਾਇਆਂ!) ਤੂੰ ਪੁੱਤਰ ਤੇ ਵਹੁਟੀ ਦਾ ਮਾਣ ਕਰਦੀ ਹੈਂ,
51701	1196	ਠਾਕੁਰੁ ਲੇਖਾ ਮਗਨਹਾਰੁ॥		Thaakur Laekhaa Maganehaar ||	His Lord and Master shall call for his account.	(ਤੇ ਪ੍ਰਭੂ ਨੂੰ ਭੁਲਾ ਬੈਠੀ ਹੈਂ, ਚੇਤਾ ਰੱਖ) ਮਾਲਕ-ਪ੍ਰਭੂ (ਕੀਤੇ ਕਰਮਾਂ ਦਾ) ਲੇਖਾ ਮੰਗਦਾ ਹੈ,
51702	1196	ਫੇੜੇ ਕਾ ਦੁਖੁ ਸਹੈ ਜੀਉ॥		Faerrae Kaa Dhukh Sehai Jeeo ||	The soul suffers in pain for the actions it has committed.	(ਭਾਵ), ਜੀਵ ਆਪਣੇ ਕੀਤੇ ਮੰਦੇ ਕਰਮਾਂ ਕਰਕੇ ਦੁੱਖ ਸਹਾਰਦਾ ਹੈ।

51703	1196	ਪਾਛੈ ਕਿਸਹਿ ਪੁਕਾਰਹਿ ਪੀਉ ਪੀਉ॥੩॥		Paashhae Kisehi Pukaarehi Peeo Peeo ||3||	Afterwards, whom shall you call, ""Dear, Dear.""||3||	(ਹੇ ਕਾਇਆਂ! ਜਿੰਦ ਦੇ ਨਿਕਲ ਜਾਣ ਪਿੱਛੋਂ) ਤੂੰ ਕਿਸ ਨੂੰ 'ਪਿਆਰਾ, ਪਿਆਰਾ' ਆਖ ਕੇ ਵਾਜਾਂ ਮਾਰੇਂਗੀ? ॥੩॥
51704	1196	ਸਾਧੂ ਕੀ ਜਉ ਲੇਹਿ ਓਟ॥		Saadhhoo Kee Jo Laehi Outt ||	If you seek the Support of the Holy,	(ਹੇ ਕਾਇਆਂ!) ਜੇ ਤੂੰ ਗੁਰੂ ਦਾ ਆਸਰਾ ਲਏਂ,
51705	1196	ਤੇਰੇ ਮਿਟਹਿ ਪਾਪ ਸਭ ਕੋਟਿ ਕੋਟਿ॥		Thaerae Mittehi Paap Sabh Kott Kott ||	Millions upon millions of your sins shall be totally erased.	ਤੇਰੇ ਕ੍ਰੋੜਾਂ ਕੀਤੇ ਪਾਪ ਸਾਰੇ ਦੇ ਸਾਰੇ ਨਾਸ ਹੋ ਜਾਣ।
51706	1196	ਕਹਿ ਰਵਿਦਾਸ ਜੋ ਜਪੈ ਨਾਮੁ॥		Kehi Ravidhaas Juo Japai Naam ||	Says Ravi Daas, one who chants the Naam, the Name of the Lord,	ਰਵਿਦਾਸ ਆਖਦਾ ਹੈ ਕਿ ਜੋ ਮਨੁੱਖ ਨਾਮ ਜਪਦਾ ਹੈ,
51707	1196	ਤਿਸੁ ਜਾਤਿ ਨ ਜਨਮੁ ਨ ਜੋਨਿ ਕਾਮੁ॥੪॥੧॥		This Jaath N Janam N Jon Kaam ||4||1||	Is not concerned with social class, birth and rebirth. ||4||1||	ਉਸ ਦੀ (ਨੀਵੀਂ) ਜਾਤ ਮੁੱਕ ਜਾਂਦੀ ਹੈ, ਉਸ ਦਾ ਜਨਮ ਮਿਟ ਜਾਂਦਾ ਹੈ, ਜੂਨਾਂ ਨਾਲ ਉਸ ਦਾ ਵਾਸਤਾ ਨਹੀਂ ਰਹਿੰਦਾ ॥੪॥੧॥
51708	1196	ਬਸੰਤੁ ਕਬੀਰ ਜੀਉ		Basanth Kabeer Jeeou	Basant, Kabeer Jee:	ਰਾਗ ਬਸੰਤੁ ਵਿੱਚ ਭਗਤ ਕਬੀਰ ਜੀ ਦੀ ਬਾਣੀ।
51709	1196	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
51710	1196	ਸੁਰਹ ਕੀ ਜੈਸੀ ਤੇਰੀ ਚਾਲ॥	(ਸੁਰਹ) ਦੇਵਤੇ	Sureh Kee Jaisee Thaeree Chaal ||	You walk like a cow.	(ਹੇ ਕੁੱਤੇ!) ਗਾਂ ਵਰਗੀ ਤੇਰੀ ਤੋਰ ਹੈ,

51711	1196	ਤੇਰੀ ਪੂੰਛਟ ਊਪਰਿ ਝਮਕ ਬਾਲ॥੧॥		Thaeree Poonshhatt Oopar Jhamak Baal ||1||	The hair on your tail is shiny and lustrous. ||1||	ਤੇਰੀ ਪੂਛਲ ਉੱਤੇ ਵਾਲ ਭੀ ਸੁਹਣੇ ਚਮਕਦੇ ਹਨ (ਹੇ ਕੁੱਤਾ-ਸੁਭਾਉ ਜੀਵ! ਸ਼ਰੀਫ਼ਾਂ ਵਰਗੀ ਤੇਰੀ ਸ਼ਕਲ ਤੇ ਪਹਿਰਾਵਾ ਹੈ) ॥੧॥
51712	1196	ਇਸ ਘਰ ਮਹ ਹੈ ਸੁ ਤੂ ਢੂੰਢਿ ਖਾਹਿ॥		Eis Ghar Mehi Hai S Thoo Dtoondt Khaahi ||	Look around, and eat anything in this house.	(ਹੇ ਕੁੱਤੇ ਦੇ ਸੁਭਾਉ ਵਾਲੇ ਜੀਵ!) ਜੋ ਕੁਝ ਆਪਣੀ ਹੱਕ ਦੀ ਕਮਾਈ ਹੈ, ਉਸੇ ਨੂੰ ਨਿਸੰਗ ਹੋ ਕੇ ਵਰਤ।
51713	1196	ਅਉਰ ਕਿਸ ਹੀ ਕੇ ਤੂ ਮਤਿ ਹੀ ਜਾਹਿ॥੧॥ਰਹਾਉ॥		Aour Kis Hee Kae Thoo Math Hee Jaahi ||1|| Rehaao ||	But do not go out to any other. ||1||Pause||	ਕਿਸੇ ਬਿਗਾਨੇ ਮਾਲ ਦੀ ਲਾਲਸਾ ਨਾਹ ਕਰਨੀ। {ਰੁਖੀ ਸੁਖੀ ਖਾਇ ਕੈ ਠੰਢਾ ਪਾਣੀ ਪੀਉ ॥ ਫਰੀਦਾ ਦੇਖਿ ਪਰਾਈ ਚੋਪੜੀ ਨਾ ਤਰਸਾਏ ਜੀਉ ॥} ॥੧॥ ਰਹਾਉ ॥
51714	1196	ਚਾਕੀ ਚਾਟਹਿ ਚੂਨੁ ਖਾਹਿ॥		Chaakee Chaattehi Choon Khaahi ||	You lick the grinding bowl, and eat the flour.	(ਹੇ ਕੁੱਤੇ!) ਤੂੰ ਚੱਕੀ ਚੱਟਦਾ ਹੈਂ, ਤੇ ਆਟਾ ਖਾਂਦਾ ਹੈਂ,
51715	1196	ਚਾਕੀ ਕਾ ਚੀਥਰਾ ਕਹਾਂ ਲੈ ਜਾਹਿ॥੨॥	(ਚੀਥਰਾ) ਪਰੋਲਾ।ਚੱਾਕੀ	Chaakee Kaa Cheethharaa Kehaan Lai Jaahi ||2||	Where have you taken the kitchen rags? ||2||	ਪਰ (ਜਾਂਦਾ ਹੋਇਆ) ਪਰੋਲਾ ਕਿੱਥੇ ਲੈ ਜਾਇੰਗਾ? (ਹੇ ਜੀਵ! ਜਿਹੜੀ ਮਾਇਆ ਰੋਜ਼ ਵਰਤਦਾ ਹੈਂ ਇਹ ਤਾਂ ਭਲਾ ਵਰਤੀ; ਪਰ ਜੋੜ ਜੋੜ ਕੇ ਆਖ਼ਰ ਨਾਲ ਕੀਹ ਲੈ ਜਾਇੰਗਾ?) ॥੨॥
51716	1196	ਛੀਕੇ ਪਰ ਤੇਰੀ ਬਹੁਤੁ ਡੀਠਿ॥		Shheekae Par Thaeree Bahuth Ddeeth ||	Your gaze is fixed on the basket in the cupboard.	(ਹੇ ਸੁਆਨ!) ਤੂੰ ਛਿੱਕੇ ਵਲ ਬੜਾ ਤੱਕ ਰਿਹਾ ਹੈਂ,

51717	1196	ਮਤੁ ਲਕਰੀ ਸੋਟਾ ਤੇਰੀ ਪਰੈ ਪੀਠਿ॥੩॥	ਲੱਕਰੀ	Math Lakaree Sottaa Thaeree Parai Peeth ||3||	Watch out - a stick may strike you from behind. ||3||	ਵੇਖੀਂ, ਕਿਤੇ ਲੱਕ ਉੱਤੇ ਕਿਤੋਂ ਸੋਟਾ ਨਾਹ ਵੱਜੇ। (ਜੇ ਜੀਵ! ਬਿਗਾਨੇ ਘਰਾਂ ਵਲ ਤੱਕਦਾ ਹੈਂ; ਇਸ ਵਿਚੋਂ ਉਪਾਧੀ ਹੀ ਨਿਕਲੇਗੀ) ॥੩॥
51718	1196	ਕਹਿ ਕਬੀਰ ਭੋਗ ਭਲੇ ਕੀਨ॥		Kehi Kabeer Bhog Bhalae Keen ||	Says Kabeer, you have over-indulged in your pleasures.	ਕਬੀਰ ਆਖਦਾ ਹੈ ਕਿ (ਹੇ ਸੁਆਨ!) ਤੂੰ ਬਥੇਰਾ ਕੁਝ ਖਾਧਾ ਉਜਾੜਿਆ ਹੈ,
51719	1196	ਮਤਿ ਕੋਊ ਮਾਰੈ ਈਂਟ ਢੇਮ॥੪॥੧॥		Math Kooo Maarai Eenatt Dtaem ||4||1||	Watch out - someone may throw a brick at you. ||4||1||	ਪਰ ਧਿਆਨ ਰੱਖੀਂ ਕਿਤੇ ਕੋਈ ਇੱਟ ਢੇਮ ਤੇਰੇ ਸਿਰ ਉੱਤੇ ਨਾਹ ਮਾਰ ਦੇਵੇ। (ਹੇ ਜੀਵ! ਤੂੰ ਜੁ ਇਹ ਭੋਗ ਭੋਗਣ ਵਿਚ ਹੀ ਰੁੱਝਾ ਪਿਆ ਹੈਂ, ਇਹਨਾਂ ਦਾ ਅੰਤ ਖ਼ੁਆਰੀ ਹੀ ਹੁੰਦਾ ਹੈ) ॥੪॥੧॥
51720	1197	ਰਾਗੁ ਸਾਰਗ ਚਉਪਦੇ ਮਹਲਾ ੧ ਘਰੁ ੧		Raag Saarag Choupadhae Mehalaa 1 Ghar 1	Raag Saarang, Chau-Padas, First Mehl, First House:	ਰਾਗ ਸਾਰਗ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।

51721	1197	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
51722	1197	ਅਪੁਨੇ ਠਾਕੁਰ ਕੀ ਹਉ ਚੇਰੀ॥		Apunae Thaakur Kee Ho Chaeree ||	I am the hand-maiden of my Lord and Master.	ਜਦੋਂ ਦੀ ਮੈਂ ਆਪਣੇ ਮਾਲਕ-ਪ੍ਰਭੂ ਦੀ ਦਾਸੀ ਬਣ ਗਈ ਹਾਂ,
51723	1197	ਚਰਨ ਗਹੇ ਜਗਜੀਵਨ ਪ੍ਰਭ ਕੇ ਹਉਮੈ ਮਾਰਿ ਨਿਬੇਰੀ॥੧॥ਰਹਾਉ॥	ਜੱਗਜੀਵਨ	Charan Gehae Jagajeevan Prabh Kae Houmai Maar Nibaeree ||1|| Rehaao ||	I have grasped the Feet of God, the Life of the world. He has killed and eradicated my egotism. ||1||Pause||	ਜਦੋਂ ਦੇ ਮੈਂ ਜਗਤ ਦੇ ਜੀਵਨ ਪ੍ਰਭੂ ਦੇ ਚਰਨ ਫੜੇ ਹਨ, ਉਸ ਨੇ ਮੇਰੀ ਹਉਮੈ ਮਾਰ ਕੇ ਮੁਕਾ ਦਿੱਤੀ ਹੈ ॥੧॥ ਰਹਾਉ ॥
51724	1197	ਪੂਰਨ ਪਰਮ ਜੋਤਿ ਪਰਮੇਸਰ ਪ੍ਰੀਤਮ ਪ੍ਰਾਨ ਹਮਾਰੇ॥		Pooran Param Joth Paramaesar Preetham Praan Hamaarae ||	He is the Perfect, Supreme Light, the Supreme Lord God, my Beloved, my Breath of Life.	ਪਰਮੇਸਰ ਸਭ ਵਿਚ ਵਿਆਪਕ ਹੈ ਸਭ ਤੋਂ ਉੱਚਾ ਆਤਮਕ ਜੀਵਨ ਦਾ ਚਾਨਣ ਦੇਣ ਵਾਲਾ ਹੈ, ਮੇਰਾ ਪਿਆਰਾ ਹੈ ਅਤੇ ਮੇਰੀ ਜਿੰਦ (ਦਾ ਸਹਾਰਾ) ਹੈ-

51725	1197	ਮੋਹਨ ਮੋਹਿ ਲੀਆ ਮਨੁ ਮੇਰਾ ਸਮਝਸਿ ਸਬਦੁ ਬੀਚਾਰੇ॥੧॥		Mohan Mohi Leeaa Man Maeraa Samajhas Sabadh Beechaarae ||1||	The Fascinating Lord has fascinated my mind; contemplating the Word of the Shabad, I have come to understand. ||1||	ਜਦੋਂ ਦਾ ਮੋਹਨ-ਪ੍ਰਭੂ ਨੇ ਮੇਰਾ ਮਨ (ਆਪਣੇ ਪਿਆਰ ਵਿਚ) ਮੋਹ ਲਿਆ ਹੈ ਤਦੋਂ ਤੋਂ ਮੇਰਾ ਮਨ ਗੁਰੂ ਦਾ ਸ਼ਬਦ ਵਿਚਾਰ ਵਿਚਾਰ ਕੇ ਇਹ ਸਮਝ ਰਿਹਾ ਹੈ ॥੧॥
51726	1197	ਮਨਮੁਖ ਹੀਨ ਹੋਛੀ ਮਤਿ ਝੂਠੀ ਮਨਿ ਤਨਿ ਪੀਰ ਸਰੀਰੇ॥		Manamukh Heen Hoshhee Math Jhoothee Man Than Peer Sareerae ||	The worthless self-willed manmukh, with false and shallow understanding - his mind and body are held in pain's grip.	ਜਿਤਨਾ ਚਿਰ ਮੈਂ ਆਪਣੇ ਮਨ ਦੇ ਪਿੱਛੇ ਤੁਰਦਾ ਰਿਹਾ, ਮੈਂ ਕਮਜ਼ੋਰ ਰਿਹਾ (ਵਿਕਾਰ ਮੇਰੇ ਉਤੇ ਜ਼ੋਰ ਪਾਂਦੇ ਰਹੇ), ਮੇਰੀ ਅਕਲ ਥੋੜ੍ਹ-ਵਿੱਤੀ ਰਹੀ, ਝੂਠ ਵਿਚ ਹੀ ਲੱਗੀ ਰਹੀ (ਇਸ ਕਾਰਨ) ਮੇਰੇ ਮਨ ਵਿਚ ਮੇਰੇ ਸਰੀਰ ਵਿਚ ਦੁੱਖ-ਕਲੇਸ਼ ਉੱਠਦੇ ਰਹੇ।
51727	1197	ਜਬ ਕੀ ਰਾਮ ਰੰਗੀਲੈ ਰਾਤੀ ਰਾਮ ਜਪਤ ਮਨ ਧੀਰੇ॥੨॥		Jab Kee Raam Rangeelai Raathee Raam Japath Man Dhheerae ||2||	Since I came to be imbued with the Love of my Beautiful Lord, I meditate on the Lord, and my mind is encouraged. ||2||	ਪਰ ਜਦੋਂ ਤੋਂ ਮੈਂ ਰੰਗੀਲੇ ਰਾਮ (ਦੇ ਪਿਆਰ) ਵਿਚ ਰੰਗੀ ਗਈ ਹਾਂ, ਮੇਰਾ ਮਨ ਉਸ ਰਾਮ ਨੂੰ ਸਿਮਰ ਸਿਮਰ ਕੇ ਧੀਰਜ ਵਾਲਾ ਹੁੰਦਾ ਜਾ ਰਿਹਾ ਹੈ ॥੨॥
51728	1197	ਹਉਮੈ ਛੋਡਿ ਭਈ ਬੈਰਾਗਨਿ ਤਬ ਸਾਚੀ ਸੁਰਤਿ ਸਮਾਨੀ॥		Houmai Shhodd Bhee Bairaagan Thab Saachee Surath Samaanee ||	Abandoning egotism, I have become detached. And now, I absorb true intuitive understanding.	ਜਦੋਂ ਤੋਂ (ਠਾਕੁਰ-ਪ੍ਰਭੂ ਦੀ ਦਾਸੀ ਬਣ ਕੇ) ਮੈਂ ਹਉਮੈ ਤਿਆਗ ਕੇ ਮਾਇਆ-ਮੋਹ ਵਲੋਂ ਉਪਰਾਮ ਹੋ ਚੁਕੀ ਹਾਂ, ਤਦੋਂ ਤੋਂ ਮੇਰੀ ਸੁਰਤ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਯਾਦ ਵਿਚ ਲੀਨ ਰਹਿੰਦੀ ਹੈ;

51729	1197	ਅਕੁਲ ਨਿਰੰਜਨ ਸਿਉ ਮਨੁ ਮਾਨਿਆ ਬਿਸਰੀ ਲਾਜ ਲੋਕਾਨੀ॥੩॥	ਅ-ਕੁਲ: ਪੋਲਾ ਬੋਲੋ	Akul Niranjan Sio Man Maaniaa Bisaree Laaj Luokaanee ||3||	The mind is pleased and appeased by the Pure, Immaculate Lord; the opinions of other people are irrelevant. ||3||	ਮੇਰਾ ਮਨ ਉਸ ਪ੍ਰਭੂ ਦੀ ਯਾਦ ਵਿਚ ਗਿੱਝਿਆ ਰਹਿੰਦਾ ਹੈ ਜੋ ਮਾਇਆ ਦੇ ਪ੍ਰਭਾਵ ਤੋਂ ਰਹਿਤ ਹੈ ਅਤੇ ਜਿਸ ਦੀ ਕੋਈ ਖ਼ਾਸ ਕੁਲ ਨਹੀਂ ਹੈ। (ਮੈਨੂੰ ਹਉਮੈ ਨਹੀਂ ਰਹੀ, ਇਸ ਵਾਸਤੇ) ਮੈਂ ਲੋਕ-ਲਾਜ (ਭੀ) ਭੁਲਾ ਬੈਠੀ ਹਾਂ ॥੩॥
51730	1197	ਭੂਰ ਭਵਿਖ ਨਾਹੀ ਤੁਮ ਜੈਸੇ ਮੇਰੇ ਪ੍ਰੀਤਮ ਪ੍ਰਾਨ ਅਧਾਰਾ॥		Bhoor Bhavikh Naahee Thum Jaisae Maerae Preetham Praan Adhhaaraa ||	There is no other like You, in the past or in the future, O my Beloved, my Breath of Life, my Support.	ਹੇ ਮੇਰੇ ਪ੍ਰੀਤਮ! ਹੇ ਮੇਰੀ ਜਿੰਦ ਦੇ ਆਸਰੇ ਪ੍ਰਭੂ! ਹੁਣ ਮੈਨੂੰ ਤੇਰੇ ਵਰਗਾ ਕੋਈ ਨਹੀਂ ਦਿੱਸਦਾ, ਨਾਹ ਪਿਛਲੇ ਬੀਤੇ ਸਮਿਆਂ ਵਿਚ, ਨਾਹ ਹੁਣ, ਅਤੇ ਨਾਹ ਹੀ ਆਉਣ ਵਾਲੇ ਸਮਿਆਂ ਵਿਚ।
51731	1197	ਹਰਿ ਕੈ ਨਾਮਿ ਰਤੀ ਸੋਹਾਗਨਿ ਨਾਨਕ ਰਾਮ ਭਤਾਰਾ॥੪॥੧॥		Har Kai Naam Rathee Sohaagan Naanak Raam Bhathaaraa ||4||1||	The soul-bride is imbued with the Name of the Lord; O Nanak, the Lord is her Husband. ||4||1||	ਹੇ ਨਾਨਕ! ਜਿਸ ਜੀਵ-ਇਸਤ੍ਰੀ ਨੇ ਪਰਮਾਤਮਾ ਨੂੰ ਆਪਣਾ ਖਸਮ ਮੰਨ ਲਿਆ ਹੈ, ਜੇਹੜੀ ਪ੍ਰਭੂ ਦੇ ਨਾਮ ਵਿਚ ਰੰਗੀ ਰਹਿੰਦੀ ਹੈ, ਉਹ ਚੰਗੇ ਭਾਗਾਂ ਵਾਲੀ ਬਣ ਜਾਂਦੀ ਹੈ ॥੪॥੧॥
51732	1197	ਸਾਰਗ ਮਹਲਾ ੧॥		Saarag Mehalaa 1 ||	Saarang, First Mehl:	
51733	1197	ਹਰਿ ਬਿਨੁ ਕਿਉ ਰਹੀਐ ਦੁਖੁ ਬਿਆਪੈ॥		Har Bin Kio Reheeai Dhukh Biaapai ||	How can I survive without the Lord? I am suffering in pain.	ਪਰਮਾਤਮਾ ਦਾ ਸਿਮਰਨ ਕਰਨ ਤੋਂ ਬਿਨਾ ਮਨੁੱਖ ਸੁਖੀ ਜੀਵਨ ਨਹੀਂ ਜੀਊ ਸਕਦਾ, ਦੁੱਖ (ਸਦਾ ਇਸ ਦੇ ਮਨ ਉਤੇ) ਦਬਾਅ ਪਾਈ ਰੱਖਦਾ ਹੈ।

51734	1197	ਜਿਹਵਾ ਸਾਦੁ ਨ ਫੀਕੀ ਰਸ ਬਿਨੁ ਬਿਨੁ ਪ੍ਰਭ ਕਾਲੁ ਸੰਤਾਪੈ॥੧॥ਰਹਾਉ॥		Jihavaa Saadh N Feekee Ras Bin Bin Prabh Kaal Santhaapai ||1|| Rehaao ||	My tongue does not taste - all is bland without the Lord's sublime essence. Without God, I suffer and die. ||1||Pause||	(ਸਿਮਰਨ ਤੋਂ ਬਿਨਾ ਮਨੁੱਖ ਦੀ) ਜੀਭ ਵਿਚ (ਬੋਲਣ ਦੀ) ਮਿਠਾਸ ਨਹੀਂ ਪੈਦਾ ਹੁੰਦੀ, ਮਿਠਾਸ ਤੋਂ ਬਿਨਾ ਹੋਣ ਕਰਕੇ ਸਦਾ ਖਰ੍ਹਵੇ ਬੋਲ ਬੋਲਦੀ ਹੈ। ਪ੍ਰਭੂ ਦੇ ਸਿਮਰਨ ਤੋਂ ਬਿਨਾ ਮੌਤ ਦਾ ਡਰ (ਭੀ) ਦੁਖੀ ਕਰਦਾ ਰਹਿੰਦਾ ਹੈ ॥੧॥ ਰਹਾਉ ॥
51735	1197	ਜਬ ਲਗੁ ਦਰਸੁ ਨ ਪਰਸੈ ਪ੍ਰੀਤਮ ਤਬ ਲਗੁ ਭੂਖ ਪਿਆਸੀ॥		Jab Lag Dharas N Parasai Preetham Thab Lag Bhookh Piaasee ||	As long as I do not attain the Blessed Vision of my Beloved, I remain hungry and thirsty.	ਜਦੋਂ ਤਕ ਮਨੁੱਖ ਪ੍ਰੀਤਮ-ਪ੍ਰਭੂ ਦਾ ਦੀਦਾਰ ਨਹੀਂ ਕਰਦਾ, ਤਦ ਤਕ ਮਾਇਆ ਦੀ ਭੁੱਖ ਤ੍ਰੇਹ ਜ਼ੋਰ ਪਾਈ ਰੱਖਦੀ ਹੈ।
51736	1197	ਦਰਸਨੁ ਦੇਖਤ ਹੀ ਮਨੁ ਮਾਨਿਆ ਜਲ ਰਸਿ ਕਮਲ ਬਿਗਾਸੀ॥੧॥		Dharasan Dhaekhath Hee Man Maaniaa Jal Ras Kamal Bigaasee ||1||	Gazing upon the Blessed Vision of His Darshan, my mind is pleased and appeased. The lotus blossoms forth in the water. ||1||	ਦੀਦਾਰ ਕਰਦਿਆਂ ਹੀ ਮਨ ਪ੍ਰਭੂ ਦੀ ਯਾਦ ਵਿਚ ਗਿੱਝ ਜਾਂਦਾ ਹੈ (ਤੇ ਇਉਂ ਖਿੜਦਾ ਹੈ, ਜਿਵੇਂ) ਕੌਲ ਫੁੱਲ ਜਲ ਦੇ ਆਨੰਦ ਵਿਚ ਖਿੜਦਾ ਹੈ ॥੧॥
51737	1197	ਊਨਵਿ ਘਨਹਰੁ ਗਰਜੈ ਬਰਸੈ ਕੋਕਿਲ ਮੋਰ ਬੈਰਾਗੈ॥	(ਊਨਵਿ) ਝੁਕ ਝੁਕ। (ਘਨਹਰੁ) ਬੱਦਲ	Oonav Ghanehar Garajai Barasai Kokil Mor Bairaagai ||	The low-hanging clouds crack with thunder and burst. The cuckoos and the peacocks are filled with passion,	ਜਦੋਂ ਬੱਦਲ ਝੁਕ ਝੁਕ ਕੇ ਗੱਜਦਾ ਹੈ ਤੇ ਵਰ੍ਹਦਾ ਹੈ ਤਦੋਂ ਕੋਇਲ, ਮੋਰ-

51738	1197	ਤਰਵਰ ਬਿਰਖ ਬਿਹੰਗ ਭੁਇਅੰਗਮ ਘਰਿ ਪਿਰੁ ਧਨ ਸੋਹਾਗੈ॥੨॥		Tharavar Birakh Bihang Bhueiangam Ghar Pir Dhhan Sohaagai ||2||	Along with the birds in the trees, the bulls and the snakes. The soul-bride is happy when her Husband Lord returns home. ||2||	ਰੁੱਖ, ਬਲਦ, ਪੰਛੀ, ਸੱਪ (ਆਦਿਕ) ਹੁਲਾਰੇ ਵਿਚ ਆਉਂਦੇ ਹਨ, (ਇਸੇ ਤਰ੍ਹਾਂ ਜਿਸ ਜੀਵ-ਇਸਤ੍ਰੀ ਦੇ) ਹਿਰਦੇ-ਘਰ ਵਿਚ ਪਤੀ-ਪ੍ਰਭੂ ਆ ਵੱਸਦਾ ਹੈ ਉਹ ਜੀਵ-ਇਸਤ੍ਰੀ ਆਪਣੇ ਆਪ ਨੂੰ ਭਾਗਾਂ ਵਾਲੀ ਜਾਣਦੀ ਹੈ ॥੨॥
51739	1197	ਕੁਚਿਲ ਕੁਰੂਪਿ ਕੁਨਾਰਿ ਕੁਲਖਨੀ ਪਿਰ ਕਾ ਸਹਜੁ ਨ ਜਾਨਿਆ॥	ਕੁ-ਚਿਲ: ਪੋਲਾ ਬੋਲੋ। ਕੁਲੱਖਨੀ	Kuchil Kuroop Kunaar Kulakhanee Pir Kaa Sehaj N Jaaniaa ||	She is filthy and ugly, unfeminine and ill-mannered - she has no intuitive understanding of her Husband Lord.	(ਪਰ ਜਿਸ ਜੀਵ-ਇਸਤ੍ਰੀ ਨੇ) ਪਤੀ-ਪ੍ਰਭੂ ਦੇ ਮਿਲਾਪ ਦਾ ਆਨੰਦ ਨਹੀਂ ਮਾਣਿਆ, ਉਹ ਗੰਦੀ ਰਹਤ-ਬਹਤ ਵਾਲੀ, ਕੋਝੇ ਰੂਪ ਵਾਲੀ, ਭੈੜੀ ਤੇ ਭੈੜੇ ਲੱਛਣਾਂ ਵਾਲੀ ਹੀ ਰਹਿੰਦੀ ਹੈ।
51740	1197	ਹਰਿ ਰਸ ਰੰਗਿ ਰਸਨ ਨਹੀ ਤ੍ਰਿਪਤੀ ਦੁਰਮਤਿ ਦੂਖ ਸਮਾਨਿਆ॥੩॥		Har Ras Rang Rasan Nehee Thripathee Dhuramath Dhookh Samaaniaa ||3||	She is not satisfied by the sublime essence of her Lord's Love; she is evil-minded, immersed in her pain. ||3||	ਜਿਸ ਦੀ ਜੀਭ ਪ੍ਰਭੂ ਦੇ ਆਨੰਦ ਦੇ ਰੰਗ ਵਿਚ (ਰਚ ਕੇ) ਚਸਕਿਆਂ ਵਲੋਂ ਨਹੀਂ ਪਰਤੀ, ਉਹ ਜੀਵ-ਇਸਤ੍ਰੀ ਭੈੜੀ ਮੱਤੇ ਲੱਗਣ ਕਰਕੇ ਦੁੱਖਾਂ ਵਿਚ ਹੀ ਗ੍ਰਸੀ ਰਹਿੰਦੀ ਹੈ ॥੩॥
51741	1197	ਆਇ ਨ ਜਾਵੈ ਨਾ ਦੁਖੁ ਪਾਵੈ ਨਾ ਦੁਖ ਦਰਦੁ ਸਰੀਰੇ॥		Aae N Jaavai Naa Dhukh Paavai Naa Dhukh Dharadh Sareerae ||	The soul-bride does not come and go in reincarnation or suffer in pain; her body is not touched by the pain of disease.	ਉਹ (ਜੀਵ-ਇਸਤ੍ਰੀ) ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦੀ, ਉਸ ਦੇ ਨਾਹ ਮਨ ਨੂੰ ਤੇ ਨਾਹ ਤਨ ਨੂੰ ਕੋਈ ਦੁਖ-ਕਲੇਸ਼ ਵਿਆਪਦਾ ਹੈ,

51742	1197	ਨਾਨਕ ਪ੍ਰਭ ਤੇ ਸਹਜ ਸੁਹੇਲੀ ਪ੍ਰਭ ਦੇਖਤ ਹੀ ਮਨੁ ਧੀਰੇ॥੪॥੨॥		Naanak Prabh Thae Sehaj Suhaelee Prabh Dhaekhath Hee Man Dhheerae ||4||2||	O Nanak, she is intuitively embellished by God; seeing God, her mind is encouraged. ||4||2||	ਹੇ ਨਾਨਕ! ਪ੍ਰਭੂ ਦੇ ਮਿਲਾਪ ਤੋਂ ਅਡੋਲਤਾ ਦਾ ਆਨੰਦ ਮਾਣਨ ਵਾਲੀ ਜਿਸ ਜੀਵ-ਇਸਤ੍ਰੀ ਦਾ ਮਨ ਪ੍ਰਭੂ ਦਾ ਦੀਦਾਰ ਕਰ ਕੇ ਧੀਰਜਵਾਨ ਰਹਿੰਦਾ ਹੈ ॥੪॥੨॥
51743	1197	ਸਾਰਗ ਮਹਲਾ ੧॥		Saarag Mehalaa 1 ||	Saarang, First Mehl:	
51744	1197	ਦੂਰਿ ਨਾਹੀ ਮੇਰੋ ਪ੍ਰਭੁ ਪਿਆਰਾ॥		Dhoor Naahee Maero Prabh Piaaraa ||	My Beloved Lord God is not far away.	ਮੇਰਾ ਪਿਆਰਾ ਪ੍ਰਭੂ (ਮੈਥੋਂ) ਦੂਰ ਨਹੀਂ ਹੈ-
51745	1197	ਸਤਿਗੁਰ ਬਚਨਿ ਮੇਰੋ ਮਨੁ ਮਾਨਿਆ ਹਰਿ ਪਾਏ ਪ੍ਰਾਨ ਅਧਾਰਾ॥੧॥ਰਹਾਉ ॥		Sathigur Bachan Maero Man Maaniaa Har Paaeae Praan Adhhaaraa ||1|| Rehaao ||	My mind is pleased and appeased by the Word of the True Guru's Teachings. I have found the Lord, the Support of my breath of life. ||1||Pause||	ਜਦੋਂ ਤੋਂ ਮੇਰਾ ਮਨ ਗੁਰੂ ਦੇ (ਇਸ) ਬਚਨ ਵਿਚ ਯਕੀਨ ਲੈ ਆਇਆ ਹੈ, ਤਦੋਂ ਤੋਂ (ਮੈਨੂੰ ਇਉਂ ਪ੍ਰਤੀਤ ਹੋ ਰਿਹਾ ਹੈ ਕਿ) ਮੈਂ ਆਪਣੀ ਜਿੰਦ ਦਾ ਸਹਾਰਾ-ਪ੍ਰਭੂ ਲੱਭ ਲਿਆ ਹੈ ॥੧॥ ਰਹਾਉ ॥
51746	1198	ਇਨ ਬਿਧਿ ਹਰਿ ਮਿਲੀਐ ਵਰ ਕਾਮਨਿ ਧਨ ਸੋਹਾਗੁ ਪਿਆਰੀ॥		Ein Bidhh Har Mileeai Var Kaaman Dhhan Sohaag Piaaree ||	This is the way to meet your Husband Lord. Blessed is the soul-bride who is loved by her Husband Lord.	ਹੇ ਜੀਵ-ਇਸਤ੍ਰੀਏ! ਇਸ ਤਰੀਕੇ ਨਾਲ ਹੀ (ਭਾਵ, ਉਸ ਪ੍ਰਭੂ ਦੇ ਅੰਗ-ਸੰਗ ਹੋਣ ਤੇ ਯਕੀਨ ਕੀਤਿਆਂ ਹੀ) ਪਤੀ-ਪ੍ਰਭੂ ਮਿਲਦਾ ਹੈ, (ਜਿਸ ਨੂੰ ਮਿਲ ਪਿਆ ਹੈ) ਉਸ ਜੀਵ-ਇਸਤ੍ਰੀ ਦਾ ਚੰਗਾ ਭਾਗ ਜਾਗ ਪਿਆ ਹੈ, ਉਹ ਪਤੀ-ਪ੍ਰਭੂ ਦੀ ਪਿਆਰੀ ਹੋ ਗਈ ਹੈ।

51747	1198	ਜਾਤਿ ਬਰਨ ਕੁਲ ਸਹਸਾ ਚੂਕਾ ਗੁਰਮਤਿ ਸਬਦਿ ਬੀਚਾਰੀ॥੧॥		Jaath Baran Kul Sehasaa Chookaa Guramath Sabadh Beechaaree ||1||	Social class and status, race, ancestry and skepticism are eliminated, following the Guru's Teachings and contemplating the Word of the Shabad. ||1||	ਗੁਰੂ ਦੀ ਮੱਤ ਲੈ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਉਹ ਜੀਵ-ਇਸਤ੍ਰੀ ਵਿਚਾਰਵਾਨ ਹੋ ਜਾਂਦੀ ਹੈ, ਜਾਤਿ ਵਰਨ ਕੁਲ (ਆਦਿਕ) ਬਾਰੇ ਉਸ ਦਾ ਭਰਮ ਦੂਰ ਹੋ ਜਾਂਦਾ ਹੈ ॥੧॥
51748	1198	ਜਿਸੁ ਮਨੁ ਮਾਨੈ ਅਭਿਮਾਨੁ ਨ ਤਾ ਕਉ ਹਿੰਸਾ ਲੋਭੁ ਵਿਸਾਰੇ॥		Jis Man Maanai Abhimaan N Thaa Ko Hinsaa Lobh Visaarae ||	One whose mind is pleased and appeased, has no egotistical pride. Violence and greed are forgotten.	ਜਿਸ ਦਾ ਮਨ (ਇਹ) ਮੰਨ ਜਾਂਦਾ ਹੈ (ਕਿ ਪ੍ਰਭੂ ਸਦਾ ਮੇਰੇ ਅੰਗ-ਸੰਗ ਹੈ) ਉਸ ਨੂੰ ਅਹੰਕਾਰ ਨਹੀਂ ਰਹਿੰਦਾ, ਉਹ ਨਿਰਦਇਤਾ ਤੇ ਲਾਲਚ ਨੂੰ (ਆਪਣੇ ਅੰਦਰੋਂ) ਭੁਲਾ ਦੇਂਦੀ ਹੈ,
51749	1198	ਸਹਜਿ ਰਵੈ ਵਰੁ ਕਾਮਣਿ ਪਿਰ ਕੀ ਗੁਰਮੁਖਿ ਰੰਗਿ ਸਵਾਰੇ॥੨॥		Sehaj Ravai Var Kaaman Pir Kee Guramukh Rang Savaarae ||2||	The soul-bride intuitively ravishes and enjoys her Husband Lord; as Gurmukh, she is embellished by His Love. ||2||	ਪਤੀ-ਪ੍ਰਭੂ ਦੀ ਪਿਆਰੀ ਉਹ ਜੀਵ-ਇਸਤ੍ਰੀ ਅਡੋਲ ਅਵਸਥਾ ਵਿਚ ਟਿਕ ਕੇ ਪਤੀ-ਪ੍ਰਭੂ ਨੂੰ ਮਿਲੀ ਰਹਿੰਦੀ ਹੈ, ਗੁਰੂ ਦੀ ਸਰਨ ਪੈ ਕੇ ਪ੍ਰਭੂ ਦੇ ਪਿਆਰ ਵਿਚ ਉਹ ਆਪਣੇ ਆਪ ਨੂੰ ਸਵਾਰਦੀ ਹੈ ॥੨॥
51750	1198	ਜਾਰਉ ਐਸੀ ਪ੍ਰੀਤਿ ਕੁਟੰਬ ਸਨਬੰਧੀ ਮਾਇਆ ਮੋਹ ਪਸਾਰੀ॥		Jaaro Aisee Preeth Kuttanb Sanabandhhee Maaeiaa Moh Pasaaree ||	Burn away any love of family and relatives, which increases your attachment to Maya.	ਮੈਂ ਪਰਵਾਰ ਤੇ ਸਨਬੰਧੀਆਂ ਦੇ ਐਸੇ ਮੋਹ-ਪਿਆਰ ਨੂੰ (ਆਪਣੇ ਅੰਦਰੋਂ) ਸਾੜ ਦਿਆਂ ਜੋ (ਮੇਰੇ ਅੰਦਰ) ਮਾਇਆ ਦੇ ਮੋਹ ਦਾ ਖਿਲਾਰਾ ਹੀ ਖਿਲਾਰਦਾ ਹੈ।

51751	1198	ਜਿਸੁ ਅੰਤਰਿ ਪ੍ਰੀਤਿ ਰਾਮ ਰਸੁ ਨਾਹੀ ਦੁਬਿਧਾ ਕਰਮ ਬਿਕਾਰੀ॥੩॥		Jis Anthar Preeth Raam Ras Naahee Dhubidhhaa Karam Bikaaree ||3||	One who does not savor the Lord's Love deep within, lives in duality and corruption. ||3||	ਜਿਸ ਦੇ ਹਿਰਦੇ ਵਿਚ ਪ੍ਰਭੂ ਦਾ ਪਿਆਰ ਨਹੀਂ, ਪ੍ਰਭੂ-ਮਿਲਾਪ ਦਾ ਆਨੰਦ ਨਹੀਂ (ਉਪਜਦਾ), ਉਹ ਮੇਰ-ਤੇਰ ਅਤੇ (ਹੋਰ) ਵਿਕਾਰਾਂ ਦੇ ਕੰਮਾਂ ਵਿਚ ਹੀ ਪ੍ਰਵਿਰਤ ਰਹਿੰਦੀ ਹੈ ॥੩॥
51752	1198	ਅੰਤਰਿ ਰਤਨ ਪਦਾਰਥ ਹਿਤ ਕੌ ਦੁਰੈ ਨ ਲਾਲ ਪਿਆਰੀ॥	(ਦੁਰੈ) ਛੁਪਦੀ	Anthar Rathan Padhaarathh Hith Ka Dhurai N Laal Piaaree ||	His Love is a priceless jewel deep within my being; the Lover of my Beloved is not hidden.	ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਪ੍ਰਭੂ-ਚਰਨਾਂ ਦਾ ਪਿਆਰ ਪੈਦਾ ਕਰਨ ਵਾਸਤੇ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਰਤਨ ਮੌਜੂਦ ਹਨ, ਪ੍ਰਭੂ ਦੀ ਉਹ ਪਿਆਰੀ ਜੀਵ-ਇਸਤ੍ਰੀ (ਜਗਤ ਵਿਚ) ਗੁੱਝੀ ਨਹੀਂ ਰਹਿੰਦੀ।
51753	1198	ਨਾਨਕ ਗੁਰਮੁਖਿ ਨਾਮੁ ਅਮੋਲਕੁ ਜੁਗਿ ਜੁਗਿ ਅੰਤਰਿ ਧਾਰੀ॥੪॥੩॥		Naanak Guramukh Naam Amolak Jug Jug Anthar Dhhaaree ||4||3||	O Nanak, as Gurmukh, enshrine the Priceless Naam deep within your being, all the ages through. ||4||3||	ਹੇ ਨਾਨਕ! ਹਰੇਕ ਜੁਗ ਵਿਚ ਹੀ (ਭਾਵ, ਸਦਾ ਤੋਂ ਹੀ ਅਜੇਹੀ ਜੀਵ-ਇਸਤ੍ਰੀ) ਗੁਰੂ ਦੀ ਸਰਨ ਪੈ ਕੇ ਆਪਣੇ ਹਿਰਦੇ ਵਿਚ ਪ੍ਰਭੂ ਦਾ ਅਮੋਲਕ ਨਾਮ ਧਾਰਦੀ ਚਲੀ ਆਈ ਹੈ (ਭਾਵ, ਜਗਤ ਦੇ ਆਰੰਭ ਤੋਂ ਹੀ ਇਹ ਮਰਯਾਦਾ ਚਲੀ ਆ ਰਹੀ ਹੈ ਕਿ ਪ੍ਰਭੂ ਦੀ ਸਿਫ਼ਤ-ਸਾਲਾਹ ਕੀਤਿਆਂ ਪ੍ਰਭੂ-ਚਰਨਾਂ ਨਾਲ ਪਿਆਰ ਬਣਦਾ ਹੈ) ॥੪॥੩॥

51754	1198	ਸਾਰੰਗ ਮਹਲਾ ੪ ਘਰੁ ੧		Saarang Mehalaa 4 Ghar 1	Saarang, Fourth Mehl, First House:	ਰਾਗ ਸਾਰੰਗ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
51755	1198	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
51756	1198	ਹਰਿ ਕੇ ਸੰਤ ਜਨਾ ਕੀ ਹਮ ਧੂਰਿ॥		Har Kae Santh Janaa Kee Ham Dhhoor ||	I am the dust of the feet of the humble Saints of the Lord.	ਮੈਂ ਪਰਮਾਤਮਾ ਦੇ ਸੰਤ ਜਨਾਂ ਦੇ ਚਰਨਾਂ ਦੀ ਧੂੜ (ਹੋਇਆ ਰਹਿੰਦਾ ਹਾਂ)।
51757	1198	ਮਿਲਿ ਸਤਸੰਗਤਿ ਪਰਮਪਦੁ ਪਾਇਆ ਆਤਮ ਰਾਮੁ ਰਹਿਆ ਭਰਪੂਰਿ॥੧॥ਰਹਾਉ ॥		Mil Sathasangath Param Padh Paaeiaa Aatham Raam Rehiaa Bharapoor ||1|| Rehaao ||	Joining the Sat Sangat, the True Congregation, I have obtained the supreme status. The Lord, the Supreme Soul, is all-pervading everywhere. ||1||Pause||	ਸੰਤ ਜਨਾਂ ਦੀ ਸੰਗਤ ਵਿਚ ਮਿਲ ਕੇ ਸਭ ਤੋਂ ਉੱਚਾ ਆਤਮਕ ਦਰਜਾ ਪ੍ਰਾਪਤ ਹੋ ਜਾਂਦਾ ਹੈ, ਅਤੇ ਪਰਮਾਤਮਾ ਸਭ ਥਾਈਂ ਵੱਸਦਾ ਦਿੱਸ ਪੈਂਦਾ ਹੈ ॥੧॥ ਰਹਾਉ ॥
51758	1198	ਸਤਿਗੁਰੁ ਸੰਤੁ ਮਿਲੈ ਸਾਂਤਿ ਪਾਈਐ ਕਿਲਵਿਖ ਦੁਖ ਕਾਟੇ ਸਭਿ ਦੂਰਿ॥		Sathigur Santh Milai Saanth Paaeeai Kilavikh Dhukh Kaattae Sabh Dhoor ||	Meeting the Saintly True Guru, I have found peace and tranquility. Sins and painful mistakes are totally erased and taken away.	ਜਦੋਂ ਗੁਰੂ ਸੰਤ ਮਿਲ ਪੈਂਦਾ ਹੈ, ਤਦੋਂ ਆਤਮਕ ਠੰਢ ਪ੍ਰਾਪਤ ਹੋ ਜਾਂਦੀ ਹੈ, ਗੁਰੂ (ਮਨੁੱਖ ਦੇ) ਸਾਰੇ ਪਾਪ ਸਾਰੇ ਦੁੱਖ ਕੱਟ ਕੇ ਦੂਰ ਕਰ ਦੇਂਦਾ ਹੈ।

51759	1198	ਆਤਮ ਜੋਤਿ ਭਈ ਪਰਫੂਲਿਤ ਪੁਰਖੁ ਨਿਰੰਜਨੁ ਦੇਖਿਆ ਹਜੂਰਿ॥੧॥		Aatham Joth Bhee Parafoolith Purakh Niranjan Dhaekhiaa Hajoor ||1||	The Divine Light of the soul radiates forth, gazing upon the Presence of the Immaculate Lord God. ||1||	(ਗੁਰੂ ਨੂੰ ਮਿਲਿਆਂ) ਜਿੰਦ ਖਿੜ ਪੈਂਦੀ ਹੈ, ਨਿਰਲੇਪ ਅਤੇ ਸਰਬ-ਵਿਆਪਕ ਪ੍ਰਭੂ ਅੰਗ-ਸੰਗ ਵੱਸਦਾ ਵੇਖ ਲਈਦਾ ਹੈ ॥੧॥
51760	1198	ਵਡੈਭਾਗਿ ਸਤਸੰਗਤਿ ਪਾਈ ਹਰਿ ਹਰਿ ਨਾਮੁ ਰਹਿਆ ਭਰਪੂਰਿ॥		Vaddai Bhaag Sathasangath Paaee Har Har Naam Rehiaa Bharapoor ||	By great good fortune, I have found the Sat Sangat; the Name of the Lord, Har, Har, is all-prevading everywhere.	ਜਿਸ ਮਨੁੱਖ ਨੇ ਵੱਡੀ ਕਿਸਮਤ ਨਾਲ ਸਾਧ ਸੰਗਤ ਪ੍ਰਾਪਤ ਕਰ ਲਈ, ਉਸ ਨੇ ਸਭ ਥਾਂ ਭਰਪੂਰ ਪਰਮਾਤਮਾ ਦਾ ਨਾਮ (ਹਿਰਦੇ ਵਿਚ ਵਸਾ ਲਿਆ),
51761	1198	ਅਠਸਠਿ ਤੀਰਥ ਮਜਨੁ ਕੀਆ ਸਤਸੰਗਤਿ ਪਗ ਨਾਏ ਧੂਰਿ॥੨॥	ਨ੍ਹਾਏ	Athasath Theerathh Majan Keeaa Sathasangath Pag Naaeae Dhhoor ||2||	I have taken my cleansing bath at the sixty-eight sacred shrines of pilgrimage, bathing in the dust of the feet of the True Congregation. ||2||	ਸਤ-ਸੰਗੀਆਂ ਦੇ ਚਰਨਾਂ ਦੀ ਧੂੜ ਵਿਚ ਨ੍ਹਾ ਕੇ ਉਸ ਨੇ (ਮਾਨੋ) ਅਠਾਹਠ ਤੀਰਥਾਂ ਦਾ ਇਸ਼ਨਾਨ ਕਰ ਲਿਆ ॥੨॥
51762	1198	ਦੁਰਮਤਿ ਬਿਕਾਰ ਮਲੀਨ ਮਤਿ ਹੋਛੀ ਹਿਰਦਾ ਕੁਸੁਧੁ ਲਾਗਾ ਮੋਹ ਕੂਰੁ॥		Dhuramath Bikaar Maleen Math Hoshhee Hiradhaa Kusudhh Laagaa Moh Koor ||	Evil-minded and corrupt, filthy-minded and shallow, with impure heart, attached to enticement and falsehood.	ਜਿਸ ਮਨੁੱਖ ਨੂੰ ਮਾਇਆ ਦਾ ਝੂਠਾ ਮੋਹ ਚੰਬੜਿਆ ਰਹਿੰਦਾ ਹੈ, ਉਸ ਦਾ ਹਿਰਦਾ (ਵਿਕਾਰਾਂ ਨਾਲ) ਗੰਦਾ (ਹੋਇਆ ਰਹਿੰਦਾ ਹੈ) ਉਸ ਦੀ ਮੱਤ ਵਿਕਾਰਾਂ ਨਾਲ ਖੋਟੀ ਮੈਲੀ ਅਤੇ ਹੋਛੀ ਹੋਈ ਰਹਿੰਦੀ ਹੈ।

51763	1198	ਬਿਨੁ ਕਰਮਾ ਕਿਉ ਸੰਗਤਿ ਪਾਈਐ ਹਉਮੈ ਬਿਆਪਿ ਰਹਿਆ ਮਨੁ ਝੂਰਿ॥੩॥		Bin Karamaa Kio Sangath Paaeeai Houmai Biaap Rehiaa Man Jhoor ||3||	Without good karma, how can I find the Sangat? Engrossed in egotism, the mortal remains stuck in regret. ||3||	ਪਰਮਾਤਮਾ ਦੀ ਮਿਹਰ ਤੋਂ ਬਿਨਾ ਸਾਧ ਸੰਗਤ ਦਾ ਮਿਲਾਪ ਹਾਸਲ ਨਹੀਂ ਹੁੰਦਾ, ਹਉਮੈ ਵਿਚ ਫਸਿਆ ਹੋਇਆ ਮਨੁੱਖ ਦਾ ਮਨ ਸਦਾ ਚਿੰਤਾ-ਫ਼ਿਕਰਾਂ ਵਿਚ ਟਿਕਿਆ ਰਹਿੰਦਾ ਹੈ ॥੩॥
51764	1198	ਹੋਹੁ ਦਇਆਲ ਕ੍ਰਿਪਾ ਕਰਿ ਹਰਿ ਜੀ ਮਾਗਉ ਸਤਸੰਗਤਿ ਪਗ ਧੂਰਿ॥		Hohu Dhaeiaal Kirapaa Kar Har Jee Maago Sathasangath Pag Dhhoor ||	Be kind and show Your Mercy, O Dear Lord; I beg for the dust of the feet of the Sat Sangat.	ਹੇ ਪ੍ਰਭੂ ਜੀ! (ਮੇਰੇ ਉਤੇ) ਦਇਆਵਾਨ ਹੋ, ਮਿਹਰ ਕਰ। ਮੈਂ (ਤੇਰੇ ਦਰ ਤੋਂ) ਸਤ-ਸੰਗੀਆਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ।
51765	1198	ਨਾਨਕ ਸੰਤੁ ਮਿਲੈ ਹਰਿ ਪਾਈਐ ਜਨੁ ਹਰਿ ਭੇਟਿਆ ਰਾਮੁ ਹਜੂਰਿ॥੪॥੧॥		Naanak Santh Milai Har Paaeeai Jan Har Bhaettiaa Raam Hajoor ||4||1||	O Nanak, meeting with the Saints, the Lord is attained. The Lord's humble servant obtains the Presence of the Lord. ||4||1||	ਹੇ ਨਾਨਕ! ਜਦੋਂ ਗੁਰੂ ਮਿਲ ਪੈਂਦਾ ਹੈ, ਤਦੋਂ ਪਰਮਾਤਮਾ ਮਿਲ ਪੈਂਦਾ ਹੈ। ਜਿਸ ਨੂੰ ਪਰਮਾਤਮਾ ਦਾ ਦਾਸ (ਗੁਰੂ) ਮਿਲਦਾ ਹੈ, ਉਸ ਨੂੰ ਪਰਮਾਤਮਾ ਅੰਗ-ਸੰਗ ਵੱਸਦਾ ਦਿੱਸਦਾ ਹੈ ॥੪॥੧॥
51766	1198	ਸਾਰੰਗ ਮਹਲਾ ੪॥		Saarang Mehalaa 4 ||	Saarang, Fourth Mehl:	
51767	1198	ਗੋਬਿੰਦ ਚਰਨਨ ਕਉ ਬਲਿਹਾਰੀ॥		Gobindh Charanan Ko Balihaaree ||	I am a sacrifice to the Feet of the Lord of the Universe.	ਪਰਮਾਤਮਾ ਦੇ ਚਰਨਾਂ ਤੋਂ ਸਦਕੇ ਜਾਣਾ ਚਾਹੀਦਾ ਹੈ।

51768	1198	ਭਵਜਲੁ ਜਗਤੁ ਨ ਜਾਈ ਤਰਣਾ ਜਪਿ ਹਰਿ ਹਰਿ ਪਾਰਿ ਉਤਾਰੀ॥੧॥ਰਹਾਉ॥		Bhavajal Jagath N Jaaee Tharanaa Jap Har Har Paar Outhaaree ||1|| Rehaao ||	I cannot swim across the terrifying world ocean. But chanting the Name of the Lord, Har, Har, I am carried across across. ||1||Pause||	(ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ) ਜਗਤ (ਦੇ ਵਿਕਾਰਾਂ) ਤੋਂ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘਿਆ ਜਾ ਸਕਦਾ। (ਪਰਮਾਤਮਾ ਦਾ ਨਾਮ) ਜਪਿਆ ਕਰ, ਪਰਮਾਤਮਾ (ਵਿਕਾਰਾਂ-ਭਰੇ ਜਗਤ ਤੋਂ) ਪਾਰ ਲੰਘਾ ਦੇਂਦਾ ਹੈ ॥੧॥ ਰਹਾਉ ॥
51769	1198	ਹਿਰਦੈ ਪ੍ਰਤੀਤਿ ਬਨੀ ਪ੍ਰਭ ਕੇਰੀ ਸੇਵਾ ਸੁਰਤਿ ਬੀਚਾਰੀ॥		Hiradhai Pratheeth Banee Prabh Kaeree Saevaa Surath Beechaaree ||	Faith in God came to fill my heart; I serve Him intuitively, and contemplate Him.	(ਮਨੁੱਖ ਦੇ) ਹਿਰਦੇ ਵਿਚ ਪਰਮਾਤਮਾ ਵਾਸਤੇ ਸਰਧਾ ਬਣ ਜਾਂਦੀ ਹੈ, ਮਨੁੱਖ ਦੀ ਸੁਰਤ ਸੇਵਾ-ਭਗਤੀ ਵਿਚ ਜੁੜੀ ਰਹਿੰਦੀ ਹੈ।
51770	1198	ਅਨ ਦਿਨੁ ਰਾਮ ਨਾਮੁ ਜਪਿ ਹਿਰਦੈ ਸਰਬ ਕਲਾ ਗੁਣਕਾਰੀ॥੧॥		Anadhin Raam Naam Jap Hiradhai Sarab Kalaa Gunakaaree ||1||	Night and day, I chant the Lord's Name within my heart; it is all-powerful and virtuous. ||1||	ਸਾਰੀਆਂ ਤਾਕਤਾਂ ਦੇ ਮਾਲਕ ਸਾਰੇ ਗੁਣਾਂ ਦੇ ਮਾਲਕ ਪਰਮਾਤਮਾ ਦਾ ਨਾਮ ਹਰ ਵੇਲੇ ਹਿਰਦੇ ਵਿਚ ਜਪ ਕੇ ਪਰਮਾਤਮਾ ਦੇ ਗੁਣ ਮਨ ਵਿਚ ਆ ਵੱਸਦੇ ਹਨ ॥੧॥
51771	1198	ਪ੍ਰਭੁ ਅਗਮ ਅਗੋਚਰੁ ਰਵਿਆ ਸ੍ਰਬ ਠਾਈ ਮਨਿ ਤਨਿ ਅਲਖ ਅਪਾਰੀ॥	ਅ-ਲਖ	Prabh Agam Agochar Raviaa Srab Thaaee Man Than Alakh Apaaree ||	God is Inaccessible and Unfathomable, All-pervading everywhere, in all minds and bodies; He is Infinite and Invisible.	(ਜਿਹੜਾ) ਪਰਮਾਤਮਾ (ਜੀਵਾਂ ਦੀ) ਪਹੁੰਚ ਤੋਂ ਪਰੇ ਹੈ (ਜੀਵਾਂ ਦੇ) ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, (ਜਿਹੜਾ) ਸਭਨੀਂ ਥਾਈਂ ਮੌਜੂਦ ਹੈ, ਸਭਨਾਂ ਦੇ ਮਨ ਵਿਚ ਤਨ ਵਿਚ ਵੱਸਦਾ ਹੈ, ਅਦ੍ਰਿਸ਼ਟ ਹੈ ਤੇ ਬੇਅੰਤ ਹੈ,

51772	1198	ਗੁਰ ਕਿਰਪਾਲ ਭਏ ਤਬ ਪਾਇਆ ਹਿਰਦੈ ਅਲਖੁ ਲਖਾਰੀ॥੨॥		Gur Kirapaal Bheae Thab Paaeiaa Hiradhai Alakh Lakhaaree ||2||	When the Guru bebomes merciful, then the Unseen Lord is seen within the heart. ||2||	ਉਹ ਪਰਮਾਤਮਾ ਤਦੋਂ ਮਿਲ ਪੈਂਦਾ ਹੈ ਜਦੋਂ (ਮਨੁੱਖ ਉਤੇ) ਸਤਿਗੁਰੂ ਜੀ ਦਇਆਵਾਨ ਹੁੰਦੇ ਹਨ, ਤਦੋਂ ਮਨੁੱਖ ਉਸ ਅਦ੍ਰਿਸ਼ਟ ਪ੍ਰਭੂ ਨੂੰ ਆਪਣੇ ਹਿਰਦੇ ਵਿਚ (ਹੀ) ਵੇਖ ਲੈਂਦਾ ਹੈ ॥੨॥
51773	1198	ਅੰਤਰਿ ਹਰਿ ਨਾਮੁ ਸਰਬ ਧਰਣੀਧਰ ਸਾਕਤ ਕਉ ਦੂਰਿ ਭਇਆ ਅਹੰਕਾਰੀ॥	ਧਰਣੀ-ਧਰ	Anthar Har Naam Sarab Dhharaneedhhar Saakath Ko Dhoor Bhaeiaa Ahankaaree ||	Deep within the inner being is the Name of the Lord, the Support of the entire earth, but to the egotistical shaakta, the faithless cynic, He seems far away.	ਧਰਤੀ ਦੇ ਆਸਰੇ ਪਰਮਾਤਮਾ ਦਾ ਨਾਮ ਸਭ ਜੀਵਾਂ ਦੇ ਅੰਦਰ ਮੌਜੂਦ ਹੈ, ਪਰ ਪਰਮਾਤਮਾ ਨਾਲੋਂ ਟੁੱਟੇ ਹੋਏ ਅਹੰਕਾਰੀ ਮਨੁੱਖਾਂ ਨੂੰ ਉਹ ਕਿਤੇ ਦੂਰ ਵੱਸਦਾ ਜਾਪਦਾ ਹੈ।
51774	1198	ਤ੍ਰਿਸਨਾ ਜਲਤ ਨ ਕਬਹੂ ਬੂਝਹਿ ਜੂਐ ਬਾਜੀ ਹਾਰੀ॥੩॥	ਬੂਝਹਿ: ਪੋਲਾ ਬੋਲੋ	Thrisanaa Jalath N Kabehoo Boojhehi Jooai Baajee Haaree ||3||	His burning desire is never quenched, and he loses the game of life in the gamble. ||3||	ਮਾਇਆ ਦੀ ਤ੍ਰਿਸ਼ਨਾ ਦੀ ਅੱਗ ਵਿਚ ਸੜ ਰਹੇ ਉਹ ਮਨੁੱਖ ਕਦੇ (ਇਸ ਭੇਤ ਨੂੰ) ਨਹੀਂ ਸਮਝਦੇ, ਉਹਨਾਂ ਨੇ ਮਨੁੱਖਾ-ਜੀਵਨ ਦੀ ਬਾਜ਼ੀ ਹਾਰ ਦਿੱਤੀ ਹੁੰਦੀ ਹੈ (ਜਿਵੇਂ ਜੁਆਰੀਏ ਨੇ) ਜੂਏ ਵਿਚ (ਆਪਣੀ ਮਾਇਆ) ॥੩॥

51775	1198	ਊਠਤ ਬੈਠਤ ਹਰਿ ਗੁਨ ਗਾਵਹਿ ਗੁਰਿ ਕਿੰਚਤ ਕਿਰਪਾ ਧਾਰੀ॥	(ਕਿੰਚਤ) ਅਕਸ ਮਾਤ੍ਰ, ਛੇਤੀ	Oothath Baithath Har Gun Gaavehi Gur Kinchath Kirapaa Dhhaaree ||	Standing up and sitting down, the mortal sings the Glorious Praises of the Lord, when the Guru bestows even a tiny bit of His Grace.	ਜਿਨ੍ਹਾਂ ਮਨੁੱਖਾਂ ਉੱਤੇ ਗੁਰੂ ਨੇ ਥੋੜ੍ਹੀ ਜਿਤਨੀ ਭੀ ਮਿਹਰ ਕਰ ਦਿੱਤੀ, ਉਹ ਉਠਦੇ ਬੈਠਦੇ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ।
51776	1198	ਨਾਨਕ ਜਿਨ ਕਉ ਨਦਰਿ ਭਈ ਹੈ ਤਿਨ ਕੀ ਪੈਜ ਸਵਾਰੀ॥੪॥੨॥		Naanak Jin Ko Nadhar Bhee Hai Thin Kee Paij Savaaree ||4||2||	O Nanak, those who are blessed by His Glance of Grace - He saves and protects their honor. ||4||2||	ਹੇ ਨਾਨਕ! ਜਿਨ੍ਹਾਂ ਉਤੇ ਗੁਰੂ ਪਰਮਾਤਮਾ ਦੀ ਮਿਹਰ ਦੀ ਨਿਗਾਹ ਹੋਈ, ਪਰਮਾਤਮਾ ਨੇ ਉਹਨਾਂ ਦੀ (ਲੋਕ ਪਰਲੋਕ ਵਿਚ) ਲਾਜ ਰੱਖ ਲਈ ॥੪॥੨॥
51777	1199	ਸਾਰਗ ਮਹਲਾ ੪॥		Saarag Mehalaa 4 ||	Saarang, Fourth Mehl:	
51778	1199	ਹਰਿ ਹਰਿ ਅੰਮ੍ਰਿਤ ਨਾਮੁ ਦੇਹੁ ਪਿਆਰੇ॥		Har Har Anmrith Naam Dhaehu Piaarae ||	O my Beloved Lord, Har, Har, please bless me with Your Ambrosial Name.	ਹੇ ਪਿਆਰੇ ਗੁਰੂ! ਮੈਨੂੰ ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਬਖ਼ਸ਼।
51779	1199	ਜਿਨ ਊਪਰਿ ਗੁਰਮੁਖਿ ਮਨੁ ਮਾਨਿਆ ਤਿਨ ਕੇ ਕਾਜ ਸਵਾਰੇ॥੧॥ਰਹਾਉ॥		Jin Oopar Guramukh Man Maaniaa Thin Kae Kaaj Savaarae ||1|| Rehaao ||	Those whose minds are pleased to be Gurmukh - the Lord completes their projects. ||1||Pause||	ਜਿਨ੍ਹਾਂ ਮਨੁੱਖਾਂ ਉੱਤੇ ਗੁਰੂ ਦਾ ਮਨ ਪਤੀਜ ਜਾਂਦਾ ਹੈ, (ਗੁਰੂ) ਉਹਨਾਂ ਦੇ ਸਾਰੇ ਕੰਮ ਸਵਾਰ ਦੇਂਦਾ ਹੈ ॥੧॥ ਰਹਾਉ ॥

51780	1199	ਜੋ ਜਨ ਦੀਨ ਭਏ ਗੁਰ ਆਗੈ ਤਿਨ ਕੇ ਦੂਖ ਨਿਵਾਰੇ॥		Jo Jan Dheen Bheae Gur Aagai Thin Kae Dhookh Nivaarae ||	Those humble beings who become meek before the Guru-their pains are taken away.	ਜਿਹੜੇ ਮਨੁੱਖ ਨਿਮਾਣੇ ਹੋ ਕੇ ਗੁਰੂ ਦੇ ਦਰ ਤੇ ਢਹਿ ਪੈਂਦੇ ਹਨ, (ਗੁਰੂ) ਉਹਨਾਂ ਦੇ ਸਾਰੇ ਦੁੱਖ ਦੂਰ ਕਰ ਦੇਂਦਾ ਹੈ।
51781	1199	ਅਨ ਦਿਨੁ ਭਗਤਿ ਕਰਹਿ ਗੁਰ ਆਗੈ ਗੁਰ ਕੈ ਸਬਦਿ ਸਵਾਰੇ॥੧॥		Anadhin Bhagath Karehi Gur Aagai Gur Kai Sabadh Savaarae ||1||	Night and day, they perform devotional worship services to the Guru; they are embellished with the Word of the Guru's Shabad. ||1||	ਉਹ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਹਰ ਵੇਲੇ ਪਰਮਾਤਮਾ ਦੀ ਭਗਤੀ ਕਰਦੇ ਰਹਿੰਦੇ ਹਨ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਉਹਨਾਂ ਦੇ ਜੀਵਨ) ਸੋਹਣੇ ਬਣ ਜਾਂਦੇ ਹਨ ॥੧॥
51782	1199	ਹਿਰਦੈ ਨਾਮੁ ਅੰਮ੍ਰਿਤ ਰਸੁ ਰਸਨਾ ਰਸੁ ਗਾਵਹਿ ਰਸੁ ਬੀਚਾਰੇ॥		Hiradhai Naam Anmrith Ras Rasanaa Ras Gaavehi Ras Beechaarae ||	Within their hearts is the ambrosial essence of the Naam, the Name of the Lord; they savor this essence, sing the praises of this essence, and contemplate this essence.	ਜਿਹੜੇ ਮਨੁੱਖ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਵਸਾਂਦੇ ਹਨ, ਜੀਭ ਨਾਲ ਉਸ ਨੂੰ ਸਲਾਹੁੰਦੇ ਹਨ, ਮਨ ਵਿਚ ਉਸ ਨਾਮ-ਰਸ ਨੂੰ ਵਿਚਾਰਦੇ ਹਨ,
51783	1199	ਗੁਰ ਪਰਸਾਦਿ ਅੰਮ੍ਰਿਤ ਰਸੁ ਚੀਨ੍ਹਿਆ ਓਇ ਪਾਵਹਿ ਮੋਖ ਦੁਆਰੇ॥੨॥		Gur Parasaadh Anmrith Ras Cheenihaaa Oue Paavehi Mokh Dhuaarae ||2||	By Guru's Grace, they are aware of this ambrosial essence; they find the Gate of Salvation. ||2||	ਜਿਨ੍ਹਾਂ ਨੇ ਗੁਰੂ ਦੀ ਕਿਰਪਾ ਨਾਲ ਆਤਮਕ ਜੀਵਨ ਦੇਣ ਵਾਲੇ ਨਾਮ-ਰਸ ਨੂੰ (ਆਪਣੇ ਅੰਦਰ) ਪਛਾਣ ਲਿਆ, ਉਹ ਮਨੁੱਖ (ਵਿਕਾਰਾਂ ਤੋਂ) ਖ਼ਲਾਸੀ ਪਾਣ ਵਾਲਾ ਦਰਵਾਜ਼ਾ ਲੱਭ ਲੈਂਦੇ ਹਨ ॥੨॥

51784	1199	ਸਤਿਗੁਰੁ ਪੁਰਖੁ ਅਚਲੁ ਅਚਲਾ ਮਤਿ ਜਿਸੁ ਦ੍ਰਿੜਤਾ ਨਾਮੁ ਅਧਾਰੇ॥	ਅ-ਚੱਲੁ। ਅ-ਚੱਲਾ	Sathigur Purakh Achal Achalaa Math Jis Dhrirrathaa Naam Adhhaarae ||	The True is the Primal Being, Unmoving and Unchanging. One who takes the Support of the Naam, the Name of the Lord - his intellect becomes focused and steady.	ਜਿਹੜਾ ਗੁਰੂ-ਪੁਰਖ ਅਡੋਲ-ਚਿੱਤ ਰਹਿਣ ਵਾਲਾ ਹੈ, ਜਿਸ ਦੀ ਮੱਤ (ਵਿਕਾਰਾਂ ਦੇ ਟਾਕਰੇ ਤੇ) ਸਦਾ ਅਹਿੱਲ ਰਹਿੰਦੀ ਹੈ, ਜਿਸ ਦੇ ਅੰਦਰ ਸਦਾ ਅਡੋਲਤਾ ਟਿਕੀ ਰਹਿੰਦੀ ਹੈ ਜਿਸ ਨੂੰ ਸਦਾ ਹਰਿ-ਨਾਮ ਦਾ ਸਹਾਰਾ ਹੈ,
51785	1199	ਤਿਸੁ ਆਗੈ ਜੀਉ ਦੇਵਉ ਅਪੁਨਾ ਹਉ ਸਤਿਗੁਰ ਕੈ ਬਲਿਹਾਰੇ॥੩॥		This Aagai Jeeo Dhaevo Apunaa Ho Sathigur Kai Balihaarae ||3||	I offer my soul to Him; I am a sacrifice to my True Guru. ||3||	ਉਸ ਗੁਰੂ ਦੇ ਅੱਗੇ ਮੈਂ ਆਪਣੀ ਜਿੰਦ ਭੇਟ ਕਰਦਾ ਹਾਂ, ਉਸ ਗੁਰੂ ਤੋਂ ਮੈਂ (ਸਦਾ) ਸਦਕੇ ਜਾਂਦਾ ਹਾਂ ॥੩॥
51786	1199	ਮਨਮੁਖ ਭ੍ਰਮਿ ਦੂਜੈ ਭਾਇ ਲਾਗੇ ਅੰਤਰਿ ਅਗਿਆਨ ਗੁਬਾਰੇ॥		Manamukh Bhram Dhoojai Bhaae Laagae Anthar Agiaan Gubaarae ||	The self-willed manmukhs are stuck in doubt and attached to duality; the darkness of spiritual ignorance is within them.	(ਗੁਰੂ ਵਾਲਾ ਪਾਸਾ ਛੱਡ ਕੇ) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮਾਇਆ ਵਾਲੀ ਦੌੜ-ਭੱਜ ਦੇ ਕਾਰਨ ਮਾਇਆ ਦੇ ਮੋਹ ਵਿਚ (ਹੀ) ਫਸੇ ਰਹਿੰਦੇ ਹਨ, ਉਹਨਾਂ ਦੇ ਅੰਦਰ ਆਤਮਕ ਜੀਵਨ ਵਲੋਂ ਬੇ-ਸਮਝੀ ਦਾ ਘੁੱਪ ਹਨੇਰਾ (ਬਣਿਆ ਰਹਿੰਦਾ ਹੈ)।

51787	1199	ਸਤਿਗੁਰੁ ਦਾਤਾ ਨਦਰਿ ਨ ਆਵੈ ਨਾ ਉਰਵਾਰਿ ਨ ਪਾਰੇ॥੪॥		Sathigur Dhaathaa Nadhar N Aavai Naa Ouravaar N Paarae ||4||	They do not see the True Guru, the Giver; they are not on this shore, or the other. ||4||	ਉਹਨਾਂ ਨੂੰ ਨਾਮ ਦੀ ਦਾਤ ਦੇਣ ਵਾਲਾ ਗੁਰੂ ਦਿੱਸਦਾ ਹੀ ਨਹੀਂ, ਉਹ ਮਨੁੱਖ (ਵਿਕਾਰਾਂ-ਭਰੇ ਸੰਸਾਰ-ਸਮੁੰਦਰ ਤੋਂ) ਨਾਹ ਉਰਲੇ ਪਾਸੇ ਨਾਹ ਪਾਰਲੇ ਪਾਸੇ (ਪਹੁੰਚ ਸਕਦੇ ਹਨ, ਸੰਸਾਰ-ਸਮੁੰਦਰ ਦੇ ਵਿਚ ਹੀ ਗੋਤੇ ਖਾਂਦੇ ਰਹਿੰਦੇ ਹਨ) ॥੪॥
51788	1199	ਸਰਬੇ ਘਟਿ ਘਟਿ ਰਵਿਆ ਸੁਆਮੀ ਸਰਬ ਕਲਾ ਕਲ ਧਾਰੇ॥		Sarabae Ghatt Ghatt Raviaa Suaamee Sarab Kalaa Kal Dhhaarae ||	Our Lord and Master is permeating and pervading each and every heart; He is supremely Potent to exercise His Might.	ਜਿਹੜਾ ਪਰਮਾਤਮਾ ਸਭਨਾਂ ਵਿਚ ਵਿਆਪਕ ਹੈ, ਹਰੇਕ ਸਰੀਰ ਵਿਚ ਮੌਜੂਦ ਹੈ, ਸਾਰੀਆਂ ਤਾਕਤਾਂ ਦਾ ਮਾਲਕ ਹੈ, ਆਪਣੀ ਸੱਤਿਆ ਨਾਲ ਸ੍ਰਿਸ਼ਟੀ ਨੂੰ ਸਹਾਰਾ ਦੇ ਰਿਹਾ ਹੈ।
51789	1199	ਨਾਨਕੁ ਦਾਸਨਿ ਦਾਸੁ ਕਹਤ ਹੈ ਕਰਿ ਕਿਰਪਾ ਲੇਹੁ ਉਬਾਰੇ॥੫॥੩॥		Naanak Dhaasan Dhaas Kehath Hai Kar Kirapaa Laehu Oubaarae ||5||3||	Nanak, the slave of His slaves, says, please, be merciful and save me! ||5||3||	ਉਸ ਦੇ ਦਰ ਤੇ ਉਸ ਦੇ ਦਾਸਾਂ ਦਾ ਦਾਸ ਨਾਨਕ ਬੇਨਤੀ ਕਰਦਾ ਹੈ (ਤੇ ਆਖਦਾ ਹੈ ਕਿ ਹੇ ਪ੍ਰਭੂ!) ਮਿਹਰ ਕਰ ਕੇ ਮੈਨੂੰ (ਇਸ ਸੰਸਾਰ-ਸਮੁੰਦਰ ਤੋਂ) ਬਚਾਈ ਰੱਖ ॥੫॥੩॥
51790	1199	ਸਾਰਗ ਮਹਲਾ ੪॥		Saarag Mehalaa 4 ||	Saarang, Fourth Mehl:	
51791	1199	ਗੋਬਿਦ ਕੀ ਐਸੀ ਕਾਰ ਕਮਾਇ॥		Gobidh Kee Aisee Kaar Kamaae ||	This is the way to work for the Lord.	ਪਰਮਾਤਮਾ ਦੀ ਸੇਵਾ-ਭਗਤੀ ਦੀ ਕਾਰ ਇਸ ਤਰ੍ਹਾਂ ਕਰਿਆ ਕਰ,

51792	1199	ਜੋ ਕਿਛੁ ਕਰੇ ਸੁ ਸਤਿ ਕਰਿ ਮਾਨਹੁ ਗੁਰਮੁਖਿ ਨਾਮਿ ਰਹਹੁ ਲਿਵ ਲਾਇ॥੧॥ਰਹਾਉ॥		Jo Kishh Karae S Sath Kar Maanahu Guramukh Naam Rehahu Liv Laae ||1|| Rehaao ||	Whatever He does, accept that as true. As Gurmukh, remain lovingly absorbed in His Name. ||1||Pause||	ਕਿ ਜੋ ਕੁਝ ਪਰਮਾਤਮਾ ਕਰਦਾ ਹੈ ਉਸ ਨੂੰ ਠੀਕ ਮੰਨਿਆ ਕਰ, ਅਤੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਵਿਚ ਸੁਰਤ ਜੋੜੀ ਰੱਖਿਆ ਕਰ ॥੧॥ ਰਹਾਉ ॥
51793	1199	ਗੋਬਿਦ ਪ੍ਰੀਤਿ ਲਗੀ ਅਤਿ ਮੀਠੀ ਅਵਰ ਵਿਸਰਿ ਸਭ ਜਾਇ॥		Gobidh Preeth Lagee Ath Meethee Avar Visar Sabh Jaae ||	The Love of the Lord of the Universe seems supremely sweet. Everything else is forgotten.	(ਜਿਸ ਮਨੁੱਖ ਨੂੰ ਆਪਣੇ ਮਨ ਵਿਚ) ਪਰਮਾਤਮਾ ਦੀ ਪ੍ਰੀਤ ਬਹੁਤ ਮਿੱਠੀ ਲੱਗਦੀ ਹੈ, ਉਸ ਨੂੰ (ਦੁਨੀਆ ਵਾਲੀ) ਹੋਰ ਸਾਰੀ ਪ੍ਰੀਤ ਭੁੱਲ ਜਾਂਦੀ ਹੈ।
51794	1199	ਅਨ ਦਿਨੁ ਰਹਸੁ ਭਇਆ ਮਨੁ ਮਾਨਿਆ ਜੋਤੀ ਜੋਤਿ ਮਿਲਾਇ॥੧॥		Anadhin Rehas Bhaeiaa Man Maaniaa Jothee Joth Milaae ||1||	Night and day, he is in ecstasy; his mind is pleased and appeased, and his light merges into the Light. ||1||	(ਉਸ ਦੇ ਅੰਦਰ) ਹਰ ਵੇਲੇ ਆਤਮਕ ਆਨੰਦ ਬਣਿਆ ਰਹਿੰਦਾ ਹੈ, ਉਸ ਦਾ ਮਨ (ਪ੍ਰਭੂ ਦੀ ਯਾਦ ਵਿਚ) ਰਿੱਝ ਜਾਂਦਾ ਹੈ, ਉਸ ਦੀ ਜਿੰਦ ਪਰਮਾਤਮਾ ਦੀ ਜੋਤਿ ਨਾਲ ਇਕ-ਮਿਕ ਹੋਈ ਰਹਿੰਦੀ ਹੈ ॥੧॥
51795	1199	ਜਬ ਗੁਣ ਗਾਇ ਤਬ ਹੀ ਮਨੁ ਤ੍ਰਿਪਤੈ ਸਾਂਤਿ ਵਸੈ ਮਨਿ ਆਇ॥		Jab Gun Gaae Thab Hee Man Thripathai Saanth Vasai Man Aae ||	Singing the Glorious Praises of the Lord, his mind is satisfied. Peace and tranquility come to abide within his mind.	ਜਦੋਂ ਮਨੁੱਖ ਪ੍ਰਭੂ ਦੇ ਗੁਣ ਗਾਂਦਾ ਹੈ, ਤਦੋਂ ਹੀ ਉਸ ਦਾ ਮਨ (ਮਾਇਆ ਦੀਆਂ ਭੁੱਖਾਂ ਵਲੋਂ) ਰੱਜ ਜਾਂਦਾ ਹੈ, ਉਸ ਦੇ ਮਨ ਵਿਚ ਸ਼ਾਂਤੀ ਆ ਵੱਸਦੀ ਹੈ।

51796	1199	ਗੁਰ ਕਿਰਪਾਲ ਭਏ ਤਬ ਪਾਇਆ ਹਰਿ ਚਰਣੀ ਚਿਤੁ ਲਾਇ॥੨॥		Gur Kirapaal Bheae Thab Paaeiaa Har Charanee Chith Laae ||2||	When the Guru becomes merciful, the mortal finds the Lord; he focuses his consciousness on the Lord's Lotus Feet. ||2||	ਸਤਿਗੁਰੂ ਜੀ ਜਦੋਂ ਉਸ ਉਤੇ ਦਇਆਵਾਨ ਹੁੰਦੇ ਹਨ, ਤਦੋਂ ਉਹ ਮਨੁੱਖ ਪਰਮਾਤਮਾ ਦੇ ਚਰਨਾਂ ਵਿਚ ਚਿੱਤ ਜੋੜ ਕੇ ਪਰਮਾਤਮਾ ਨਾਲ ਮਿਲਾਪ ਹਾਸਲ ਕਰ ਲੈਂਦਾ ਹੈ ॥੨॥
51797	1199	ਮਤਿ ਪ੍ਰਗਾਸ ਭਈ ਹਰਿ ਧਿਆਇਆ ਗਿਆਨਿ ਤਤਿ ਲਿਵ ਲਾਇ॥		Math Pragaas Bhee Har Dhhiaaeiaa Giaan Thath Liv Laae ||	The intellect is enlightened, meditating on the Lord. He remains lovingly attuned to the essence of spiritual wisdom.	ਆਤਮਕ ਜੀਵਨ ਦੀ ਸੂਝ ਦੀ ਰਾਹੀਂ ਜਿਸ ਮਨੁੱਖ ਨੇ ਜਗਤ ਦੇ ਮੂਲ-ਪ੍ਰਭੂ ਵਿਚ ਸੁਰਤ ਜੋੜ ਕੇ ਉਸ ਦਾ ਸਿਮਰਨ ਕੀਤਾ,
51798	1199	ਅੰਤਰਿ ਜੋਤਿ ਪ੍ਰਗਟੀ ਮਨੁ ਮਾਨਿਆ ਹਰਿ ਸਹਜਿ ਸਮਾਧਿ ਲਗਾਇ॥੩॥		Anthar Joth Pragattee Man Maaniaa Har Sehaj Samaadhh Lagaae ||3||	The Divine Light radiates forth deep within his being; his mind is pleased and appeased. He merges intuitively into Celestial Samaadhi. ||3||	ਉਸ ਦੀ ਮੱਤ ਵਿਚ ਆਤਮਕ ਜੀਵਨ ਦਾ ਚਾਨਣ ਹੋ ਗਿਆ, ਉਸ ਦੇ ਅੰਦਰ ਪਰਮਾਤਮਾ ਦੀ ਜੋਤਿ ਪਰਗਟ ਹੋ ਗਈ, ਆਤਮਕ ਅਡੋਲਤਾ ਦੀ ਰਾਹੀਂ ਪਰਮਾਤਮਾ ਦੀ ਯਾਦ ਵਿਚ ਮਨ ਇਕਾਗ੍ਰ ਕਰ ਕੇ ਉਸ ਦਾ ਮਨ (ਉਸ ਯਾਦ ਵਿਚ) ਗਿੱਝ ਗਿਆ ॥੩॥

51799	1199	ਹਿਰਦੈ ਕਪਟੁ ਨਿਤ ਕਪਟੁ ਕਮਾਵਹਿ ਮੁਖਹੁ ਹਰਿ ਹਰਿ ਸੁਣਾਇ॥		Hiradhai Kapatt Nith Kapatt Kamaavehi Mukhahu Har Har Sunaae ||	One whose heart is filled with falsehood, continues to practice falsehood, even while he teaches and preaches about the Lord.	ਪਰ, (ਜਿਨ੍ਹਾਂ ਮਨੁੱਖਾਂ ਦੇ) ਹਿਰਦੇ ਵਿਚ ਠੱਗੀ ਵੱਸਦੀ ਹੈ, ਉਹ ਮਨੁੱਖ (ਨਿਰਾ) ਮੂੰਹੋਂ ਹਰਿ-ਨਾਮ ਸੁਣਾ ਸੁਣਾ ਕੇ (ਅੰਦਰੋਂ ਅੰਦਰ) ਠੱਗੀ ਦਾ ਵਿਹਾਰ ਕਰਦੇ ਰਹਿੰਦੇ ਹਨ।
51800	1199	ਅੰਤਰਿ ਲੋਭੁ ਮਹਾ ਗੁਬਾਰਾ ਤੁਹ ਕੂਟੈ ਦੁਖ ਖਾਇ॥੪॥		Anthar Lobh Mehaa Gubaaraa Thuh Koottai Dhukh Khaae ||4||	Within him is the utter darkness of greed. He is thrashed like wheat, and suffers in pain. ||4||	(ਜਿਸ ਮਨੁੱਖ ਦੇ) ਹਿਰਦੇ ਵਿਚ (ਸਦਾ) ਲੋਭ ਵੱਸਦਾ ਹੈ, ਉਸ ਦੇ ਹਿਰਦੇ ਵਿਚ ਮਾਇਆ ਦੇ ਮੋਹ ਦਾ ਘੁੱਪ ਹਨੇਰਾ ਬਣਿਆ ਰਹਿੰਦਾ ਹੈ। ਉਹ ਮਨੁੱਖ ਇਉਂ ਹੈ ਜਿਵੇਂ ਉਹ ਦਾਣਿਆਂ ਤੋਂ ਸੱਖਣੇ ਨਿਰੇ ਤੋਹ ਹੀ ਕੁੱਟਦਾ ਰਹਿੰਦਾ ਹੈ ਅਤੇ ਤੋਹ ਕੁੱਟਣ ਦੀਆਂ ਖੇਚਲਾਂ ਹੀ ਸਹਾਰਦਾ ਹੈ ॥੪॥
51801	1199	ਜਬ ਸੁਪ੍ਰਸੰਨ ਭਏ ਪ੍ਰਭ ਮੇਰੇ ਗੁਰਮੁਖਿ ਪਰਚਾ ਲਾਇ॥	ਸੁਪ੍ਰਸੰਨ	Jab Suprasann Bheae Prabh Maerae Guramukh Parachaa Laae ||	When my God is totally pleased, the mortal tunes in and becomes Gurmukh.	ਜਦੋਂ ਮੇਰੇ ਪ੍ਰਭੂ ਜੀ (ਕਿਸੇ ਮਨੁੱਖ ਉੱਤੇ) ਬੜੇ ਪਰਸੰਨ ਹੁੰਦੇ ਹਨ, ਤਦੋਂ ਉਹ ਮਨੁੱਖ ਗੁਰੂ ਦੀ ਸਰਨ ਪੈ ਕੇ ਪ੍ਰਭੂ ਜੀ ਨਾਲ ਪਿਆਰ ਪਾਂਦਾ ਹੈ।
51802	1199	ਨਾਨਕ ਨਾਮ ਨਿਰੰਜਨੁ ਪਾਇਆ ਨਾਮੁ ਜਪਤ ਸੁਖੁ ਪਾਇ॥੫॥੪॥		Naanak Naam Niranjan Paaeiaa Naam Japath Sukh Paae ||5||4||	Nanak has obtained the Immaculate Naam, the Name of the Lord. Chanting the Naam, he has found peace. ||5||4||	ਹੇ ਨਾਨਕ! ਤਦੋਂ ਉਹ ਮਾਇਆ ਦੇ ਮੋਹ ਤੋਂ ਨਿਰਲੇਪ ਕਰਨ ਵਾਲਾ ਹਰਿ-ਨਾਮ ਮਨ ਵਿਚ ਵਸਾਂਦਾ ਹੈ, ਅਤੇ ਨਾਮ ਜਪਦਿਆਂ ਆਤਮਕ ਆਨੰਦ ਮਾਣਦਾ ਹੈ ॥੫॥੪॥

51803	1199	ਸਾਰਗ ਮਹਲਾ ੪॥		Saarag Mehalaa 4 ||	Saarang, Fourth Mehl:	
51804	1199	ਮੇਰਾ ਮਨੁ ਰਾਮ ਨਾਮਿ ਮਨੁ ਮਾਨੀ॥		Maeraa Man Raam Naam Man Maanee ||	My mind is pleased and appeased by the Name of the Lord.	(ਤਦੋਂ ਤੋਂ) ਮੇਰਾ ਮਨ ਪਰਮਾਤਮਾ ਦੇ ਨਾਮ ਵਿਚ ਰਿੱਝ ਗਿਆ ਹੈ,
51805	1199	ਮੇਰੈ ਹੀਅਰੈ ਸਤਿਗੁਰਿ ਪ੍ਰੀਤਿ ਲਗਾਈ ਮਨਿ ਹਰਿ ਹਰਿ ਕਥਾ ਸੁਖਾਨੀ॥੧॥ਰਹਾਉ॥		Maerai Heearai Sathigur Preeth Lagaaee Man Har Har Kathhaa Sukhaanee ||1|| Rehaao ||	The True Guru has implanted divine love within my heart. The Sermon of the Lord, Har, Har, is pleasing to my mind. ||1||Pause||	(ਜਦੋਂ ਤੋਂ) ਗੁਰੂ ਨੇ ਮੇਰੇ ਹਿਰਦੇ ਵਿਚ ਪਰਮਾਤਮਾ ਦਾ ਪਿਆਰ ਪੈਦਾ ਕਰ ਦਿੱਤਾ ਹੈ, (ਤਦੋਂ ਤੋਂ) ਪਰਮਾਤਮਾ ਦੀ ਸਿਫ਼ਤ-ਸਾਲਾਹ ਮੇਰੇ ਮਨ ਵਿਚ ਪਿਆਰੀ ਲੱਗ ਰਹੀ ਹੈ ॥੧॥ ਰਹਾਉ ॥
51806	1199	ਦੀਨ ਦਇਆਲ ਹੋਵਹੁ ਜਨ ਊਪਰਿ ਜਨ ਦੇਵਹੁ ਅਕਥ ਕਹਾਨੀ॥	ਅ-ਕਥ: ਪੋਲਾ ਬੋਲੋ	Dheen Dhaeiaal Hovahu Jan Oopar Jan Dhaevahu Akathh Kehaanee ||	Please be merciful to Your meek and humble servant; please bless Your humble servant with Your Unspoken Speech.	ਹੇ ਪ੍ਰਭੂ ਜੀ! ਮੈਂ ਗਰੀਬ ਸੇਵਕ ਉੱਤੇ ਦਇਆਵਾਨ ਹੋਵੋ, ਮੈਨੂੰ ਦਾਸ ਨੂੰ ਕਦੇ ਨਾਹ ਮੁੱਕਣ ਵਾਲੀ ਆਪਣੀ ਸਿਫ਼ਤ-ਸਾਲਾਹ ਦੀ ਦਾਤ ਦੇਵੋ।
51807	1199	ਸੰਤ ਜਨਾ ਮਿਲਿ ਹਰਿ ਰਸੁ ਪਾਇਆ ਹਰਿ ਮਨਿ ਤਨਿ ਮੀਠ ਲਗਾਨੀ॥੧॥		Santh Janaa Mil Har Ras Paaeiaa Har Man Than Meeth Lagaanee ||1||	Meeting with the humble Saints, I have found the sublime essence of the Lord. The Lord seems so sweet to my mind and body. ||1||	ਜਿਸ ਮਨੁੱਖ ਨੇ ਸੰਤ ਜਨਾਂ ਨੂੰ ਮਿਲ ਕੇ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਿਆ, ਉਸ ਦੇ ਮਨ ਵਿਚ ਉਸ ਦੇ ਹਿਰਦੇ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਮਿੱਠੀ ਲੱਗਣ ਲੱਗ ਪੈਂਦੀ ਹੈ ॥੧॥

51808	1199	ਹਰਿ ਕੈ ਰੰਗਿ ਰਤੇ ਬੈਰਾਗੀ ਜਿਨ੍ ਗੁਰਮਤਿ ਨਾਮੁ ਪਛਾਨੀ॥		Har Kai Rang Rathae Bairaagee Jinh Guramath Naam Pashhaanee ||	They alone are unattached, who are imbued with the Lord's Love; through the Guru's Teachings, they realize the Naam, the Name of the Lord.	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਮੱਤ ਉਤੇ ਤੁਰ ਕੇ ਪਰਮਾਤਮਾ ਦੇ ਨਾਮ ਨਾਲ ਸਾਂਝ ਪਾ ਲਈ, ਉਹ ਮਨੁੱਖ ਪਰਮਾਤਮਾ ਦੇ ਪਿਆਰ-ਰੰਗ ਵਿਚ ਰੰਗੇ ਜਾਂਦੇ ਹਨ, ਉਹ ਮਨੁੱਖ ਮਾਇਆ ਦੇ ਮੋਹ ਤੋਂ ਉਪਰਾਮ ਹੋ ਜਾਂਦੇ ਹਨ।
51809	1199	ਪੁਰਖੈ ਪੁਰਖੁ ਮਿਲਿਆ ਸੁਖੁ ਪਾਇਆ ਸਭ ਚੂਕੀ ਆਵਣ ਜਾਨੀ॥੨॥		Purakhai Purakh Miliaa Sukh Paaeiaa Sabh Chookee Aavan Jaanee ||2||	Meeting with the Primal Being, one finds peace, and one's comings and goings in reincarnation are ended. ||2||	ਜਿਸ ਮਨੁੱਖ ਨੂੰ ਸਰਬ-ਵਿਆਪਕ ਪ੍ਰਭੂ ਮਿਲ ਪਿਆ, ਉਸ ਨੂੰ ਆਤਮਕ ਆਨੰਦ ਪ੍ਰਾਪਤ ਹੋ ਗਿਆ, ਉਸ ਦਾ ਜਨਮ ਮਰਨ ਦਾ ਸਾਰਾ ਗੇੜ ਮੁੱਕ ਗਿਆ ॥੨॥
51810	1199	ਨੈਣੀ ਬਿਰਹੁ ਦੇਖਾ ਪ੍ਰਭ ਸੁਆਮੀ ਰਸਨਾ ਨਾਮੁ ਵਖਾਨੀ॥		Nainee Birahu Dhaekhaa Prabh Suaamee Rasanaa Naam Vakhaanee ||	With my eyes, I gaze lovingly upon God, my Lord and Master. I chant His Name with my tongue.	ਹੇ ਪ੍ਰਭੂ! ਹੇ ਸੁਆਮੀ! ਮੇਰੇ ਅੰਦਰ ਤਾਂਘ ਹੈ ਕਿ ਅੱਖਾਂ ਨਾਲ ਮੈਂ ਤੇਰਾ ਦਰਸ਼ਨ ਕਰਦਾ ਰਹਾਂ, ਜੀਭ ਨਾਲ ਤੇਰਾ ਨਾਮ ਜਪਦਾ ਰਹਾਂ,
51811	1200	ਸ੍ਰਵਣੀ ਕੀਰਤਨੁ ਸੁਨਉ ਦਿਨੁ ਰਾਤੀ ਹਿਰਦੈ ਹਰਿ ਹਰਿ ਭਾਨੀ॥੩॥		Sravanee Keerathan Suno Dhin Raathee Hiradhai Har Har Bhaanee ||3||	With my ears, I listen to the Kirtan of His Praises, day and night. I love the Lord, Har, Har, with all my heart. ||3||	ਕੰਨਾਂ ਨਾਲ ਦਿਨ ਰਾਤ ਤੇਰੀ ਸਿਫ਼ਤ-ਸਾਲਾਹ ਸੁਣਦਾ ਰਹਾਂ, ਅਤੇ ਹਿਰਦੇ ਵਿਚ ਤੂੰ ਮੈਨੂੰ ਪਿਆਰਾ ਲੱਗਦਾ ਰਹੇਂ ॥੩॥

51812	1200	ਪੰਚ ਜਨਾ ਗੁਰਿ ਵਸਗਤਿ ਆਣੇ ਤਉ ਉਨਮਨਿ ਨਾਮਿ ਲਗਾਨੀ॥	ਲੱਗਾਨੀ	Panch Janaa Gur Vasagath Aanae Tho Ounaman Naam Lagaanee ||	When the Guru helped me to overcome the five thieves, then I found ultimate bliss, attached to the Naam.	ਜਦੋਂ ਗੁਰੂ ਨੇ ਕਾਮਾਦਿਕ ਪੰਜਾਂ ਨੂੰ (ਕਿਸੇ ਵਡ-ਭਾਗੀ ਦੇ) ਵੱਸ ਵਿਚ ਕਰ ਦਿੱਤਾ, ਤਦੋਂ ਬਿਰਹੋਂ ਅਵਸਥਾ ਵਿਚ ਅੱਪੜ ਕੇ ਉਸ ਦੀ ਸੁਰਤ ਹਰਿ-ਨਾਮ ਵਿਚ ਜੁੜ ਜਾਂਦੀ ਹੈ।
51813	1200	ਜਨ ਨਾਨਕ ਹਰਿ ਕਿਰਪਾ ਧਾਰੀ ਹਰਿ ਰਾਮੈ ਨਾਮਿ ਸਮਾਨੀ॥੪॥੫॥		Jan Naanak Har Kirapaa Dhhaaree Har Raamai Naam Samaanee ||4||5||	The Lord has showered His Mercy on servant Nanak; he merges in the Lord, in the Name of the Lord. ||4||5||	ਦਾਸ ਨਾਨਕ ਆਖਦਾ ਹੈ- (ਹੇ ਭਾਈ!) ਜਿਸ ਮਨੁੱਖ ਉਤੇ ਪ੍ਰਭੂ ਨੇ ਮਿਹਰ ਕੀਤੀ, ਪ੍ਰਭੂ ਦੇ ਨਾਮ ਵਿਚ ਹੀ ਉਸ ਦੀ ਲੀਨਤਾ ਹੋ ਗਈ ॥੪॥੫॥
51814	1200	ਸਾਰਗ ਮਹਲਾ ੪॥		Saarag Mehalaa 4 ||	Saarang, Fourth Mehl:	
51815	1200	ਜਪ ਮਨ ਰਾਮ ਨਾਮੁ ਪੜ੍ ਸਾਰੁ॥		Jap Man Raam Naam Parrha Saar ||	O my mind, chant the Name of the Lord, and study His Excellence.	ਹੇ (ਮੇਰੇ) ਮਨ! ਪਰਮਾਤਮਾ ਦਾ ਨਾਮ ਜਪਿਆ ਕਰ, ਪਰਮਾਤਮਾ ਦਾ ਨਾਮ ਪੜ੍ਹਿਆ ਕਰ, (ਇਹੀ) ਸ੍ਰੇਸ਼ਟ (ਕੰਮ ਹੈ)।
51816	1200	ਰਾਮ ਨਾਮ ਬਿਨੁ ਥਿਰੁ ਨਹੀ ਕੋਈ ਹੋਰੁ ਨਿਹਫਲ ਸਭੁ ਬਿਸਥਾਰੁ॥੧॥ਰਹਾਉ॥		Raam Naam Bin Thhir Nehee Koee Hor Nihafal Sabh Bisathhaar ||1|| Rehaao ||	Without the Lord's Name, nothing is steady or stable. All the rest of the show is useless. ||1||Pause||	ਹੇ ਮਨ! ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ (ਇਥੇ) ਸਦਾ ਕਾਇਮ ਰਹਿਣ ਵਾਲਾ ਨਹੀਂ ਹੈ। ਹੋਰ ਸਾਰਾ ਖਿਲਾਰਾ ਐਸਾ ਹੈ ਜਿਸ ਤੋਂ (ਆਤਮਕ ਜੀਵਨ ਵਾਸਤੇ) ਕੋਈ ਫਲ ਨਹੀਂ ਮਿਲਦਾ ॥੧॥ ਰਹਾਉ ॥

51817	1200	ਕਿਆ ਲੀਜੈ ਕਿਆ ਤਜੀਐ ਬਉਰੇ ਜੋ ਦੀਸੈ ਸੋ ਛਾਰੁ॥		Kiaa Leejai Kiaa Thajeeai Bourae Jo Dheesai So Shhaar ||	What is there to accept, and what is there to reject, O madman? Whatever is seen shall turn to dust.	ਹੇ ਕਮਲੇ ਮਨ! ਜੋ ਕੁਝ (ਜਗਤ ਵਿਚ) ਦਿੱਸ ਰਿਹਾ ਹੈ ਉਹ (ਸਭ) ਨਾਸਵੰਤ ਹੈ, ਇਸ ਵਿਚੋਂ ਨਾਹ ਕੁਝ ਆਪਣਾ ਬਣਾਇਆ ਜਾ ਸਕਦਾ ਹੈ ਨਾਹ ਛੱਡਿਆ ਜਾ ਸਕਦਾ ਹੈ।
51818	1200	ਜਿਸੁ ਬਿਖਿਆ ਕਉ ਤੁਮ੍ ਅਪੁਨੀ ਕਰਿ ਜਾਨਹੁ ਸਾ ਛਾਡਿ ਜਾਹੁ ਸਿਰਿ ਭਾਰੁ॥੧॥		Jis Bikhiaa Ko Thumh Apunee Kar Jaanahu Saa Shhaadd Jaahu Sir Bhaar ||1||	That poison which you believe to be your own - you must abandon it and leave it behind. What a load you have to carry on your head! ||1||	ਹੇ ਕਮਲੇ! ਜਿਸ ਮਾਇਆ ਨੂੰ ਤੂੰ ਆਪਣੀ ਸਮਝੀ ਬੈਠਾ ਹੈਂ, ਉਹ ਤਾਂ ਛੱਡ ਜਾਹਿੰਗਾ, (ਉਸ ਦੀ ਖ਼ਾਤਰ ਕੀਤੇ ਪਾਪਾਂ ਦਾ) ਭਾਰ ਹੀ ਆਪਣੇ ਸਿਰ ਉੱਤੇ (ਲੈ ਜਾਹਿੰਗਾ) ॥੧॥
51819	1200	ਤਿਲੁ ਤਿਲੁ ਪਲੁ ਪਲੁ ਅਉਧ ਫੁਨਿ ਘਾਟੈ ਬੂਝਿ ਨ ਸਕੈ ਗਵਾਰੁ॥		Thil Thil Pal Pal Aoudhh Fun Ghaattai Boojh N Sakai Gavaar ||	Moment by moment, instant by instant, your life is running out. The fool cannot understand this.	ਰਤਾ ਰਤਾ ਕਰ ਕੇ ਪਲ ਪਲ ਕਰ ਕੇ ਉਮਰ ਘਟਦੀ ਜਾਂਦੀ ਹੈ, ਪਰ ਮੂਰਖ ਮਨੁੱਖ (ਇਹ ਗੱਲ) ਸਮਝ ਨਹੀਂ ਸਕਦਾ।
51820	1200	ਸੋ ਕਿਛੁ ਕਰੈ ਜਿ ਸਾਥਿ ਨ ਚਾਲੈ ਇਹੁ ਸਾਕਤ ਕਾ ਆਚਾਰੁ॥੨॥		So Kishh Karai J Saathh N Chaalai Eihu Saakath Kaa Aachaar ||2||	He does things which will not go along with him in the end. This is the lifestyle of the faithless cynic. ||2||	(ਮੂਰਖ) ਉਹੀ ਕੁਝ ਕਰਦਾ ਰਹਿੰਦਾ ਹੈ ਜੋ (ਅੰਤ ਵੇਲੇ) ਇਸ ਦੇ ਨਾਲ ਨਹੀਂ ਜਾਂਦਾ। ਪਰਮਾਤਮਾ ਨਾਲੋਂ ਟੁੱਟੇ ਮਨੁੱਖ ਦਾ ਸਦਾ ਇਹੀ ਕਰਤੱਬ ਰਹਿੰਦਾ ਹੈ ॥੨॥

51821	1200	ਸੰਤ ਜਨਾ ਕੈ ਸੰਗਿ ਮਿਲੁ ਬਉਰੇ ਤਉ ਪਾਵਹਿ ਮੋਖ ਦੁਆਰੁ॥		Santh Janaa Kai Sang Mil Bourae Tho Paavehi Mokh Dhuaar ||	So join together with the humble Saints, O madman, and you shall find the Gate of Salvation.	ਹੇ ਕਮਲੇ! ਸੰਤ ਜਨਾਂ ਨਾਲ ਮਿਲ ਬੈਠਿਆ ਕਰ, ਤਦੋਂ ਹੀ ਤੂੰ (ਮਾਇਆ ਦੇ ਮੋਹ ਤੋਂ) ਖ਼ਲਾਸੀ ਦਾ ਦਰਵਾਜ਼ਾ ਲੱਭ ਸਕੇਂਗਾ।
51822	1200	ਬਿਨੁ ਸਤਸੰਗ ਸੁਖੁ ਕਿਨੈ ਨ ਪਾਇਆ ਜਾਇ ਪੂਛਹੁ ਬੇਦ ਬੀਚਾਰੁ॥੩॥		Bin Sathasang Sukh Kinai N Paaeiaa Jaae Pooshhahu Baedh Beechaar ||3||	Without the Sat Sangat, the True Congregation, no one finds any peace. Go and ask the scholars of the Vedas. ||3||	ਬੇਸ਼ੱਕ ਵੇਦ (ਆਦਿਕ ਹੋਰ ਧਰਮ-ਪੁਸਤਕਾਂ) ਦਾ ਭੀ ਵਿਚਾਰ ਜਾ ਕੇ ਪੁੱਛ ਵੇਖੋ (ਸਭ ਇਹੀ ਦੱਸਣਗੇ ਕਿ) ਸਾਧ ਸੰਗਤ ਤੋਂ ਬਿਨਾ ਕਿਸੇ ਨੇ ਭੀ ਆਤਮਕ ਆਨੰਦ ਨਹੀਂ ਲੱਭਾ ॥੩॥
51823	1200	ਰਾਣਾ ਰਾਉ ਸਭੈ ਕੋਊ ਚਾਲੈ ਝੂਠੁ ਛੋਡਿ ਜਾਇ ਪਾਸਾਰੁ॥		Raanaa Raao Sabhai Kooo Chaalai Jhooth Shhodd Jaae Paasaar ||	All the kings and queens shall depart; they must leave this false expanse.	ਕੋਈ ਰਾਜਾ ਹੋਵੇ ਪਾਤਿਸ਼ਾਹ ਹੋਵੇ, ਹਰ ਕੋਈ (ਇਥੋਂ ਆਖ਼ਰ) ਤੁਰ ਪੈਂਦਾ ਹੈ, ਇਸ ਨਾਸਵੰਤ ਜਗਤ-ਖਿਲਾਰੇ ਨੂੰ ਛੱਡ ਜਾਂਦਾ ਹੈ।
51824	1200	ਨਾਨਕ ਸੰਤ ਸਦਾ ਥਿਰੁ ਨਿਹਚਲੁ ਜਿਨ ਰਾਮ ਨਾਮੁ ਆਧਾਰੁ॥੪॥੬॥		Naanak Santh Sadhaa Thhir Nihachal Jin Raam Naam Aadhhaar ||4||6||	O Nanak, the Saints are eternally steady and stable; they take the Support of the Name of the Lord. ||4||6||	ਹੇ ਨਾਨਕ! ਪਰਮਾਤਮਾ ਦਾ ਨਾਮ ਜਿਨ੍ਹਾਂ ਨੇ ਆਪਣੇ ਜੀਵਨ ਦਾ ਆਸਰਾ ਬਣਾਇਆ ਹੈ ਉਹ ਸੰਤ ਜਨ (ਇਸ ਮੋਹਨੀ ਮਾਇਆ ਦੇ ਪਸਾਰੇ ਵਿਚ) ਅਡੋਲ-ਚਿੱਤ ਰਹਿੰਦੇ ਹਨ ॥੪॥੬॥
51825	1200	ਸਾਰਗ ਮਹਲਾ ੪ ਘਰੁ ੩ ਦੁਪਦਾ		Saarag Mehalaa 4 Ghar 3 Dhupadhaa	Saarang, Fourth Mehl, Third House, Du-Padas:	ਰਾਗ ਸਾਰੰਗ, ਘਰ ੩ ਵਿੱਚ ਗੁਰੂ ਰਾਮਦਾਸ ਜੀ ਦੀ ਦੋ-ਬੰਦਾਂ ਵਾਲੀ ਬਾਣੀ।

51826	1200	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
51827	1200	ਕਾਹੇ ਪੂਤ ਝਗਰਤ ਹਉ ਸੰਗਿ ਬਾਪ॥	ਹਉਹੋਂ	Kaahae Pooth Jhagarath Ho Sang Baap ||	O son, why do you argue with your father?	ਹੇ ਪੁੱਤਰ! (ਦੁਨੀਆ ਦੇ ਧਨ ਦੀ ਖ਼ਾਤਰ) ਪਿਤਾ ਨਾਲ ਕਿਉਂ ਝਗੜਾ ਕਰਦੇ ਹੋ?
51828	1200	ਜਿਨ ਕੇ ਜਣੇ ਬਡੀਰੇ ਤੁਮ ਹਉ ਤਿਨ ਸਿਉ ਝਗਰਤ ਪਾਪ॥੧॥ਰਹਾਉ॥	(ਬਡੀਰੇ) ਵਡਿਆਏ	Jin Kae Janae Baddeerae Thum Ho Thin Sio Jhagarath Paap ||1|| Rehaao ||	It is a sin to argue with the one who fathered you and raised you. ||1||Pause||	ਹੇ ਪੁੱਤਰ! ਜਿਨ੍ਹਾਂ ਮਾਪਿਆਂ ਨੇ ਜੰਮਿਆ ਤੇ ਪਾਲਿਆ ਹੁੰਦਾ ਹੈ, ਉਹਨਾਂ ਨਾਲ (ਧਨ ਦੀ ਖ਼ਾਤਰ) ਝਗੜਾ ਕਰਨਾ ਮਾੜਾ ਕੰਮ ਹੈ ॥੧॥ ਰਹਾਉ ॥
51829	1200	ਜਿਸੁ ਧਨ ਕਾ ਤੁਮ ਗਰਬੁ ਕਰਤ ਹਉ ਸੋ ਧਨੁ ਕਿਸਹਿ ਨ ਆਪ॥		Jis Dhhan Kaa Thum Garab Karath Ho So Dhhan Kisehi N Aap ||	That wealth, which you are so proud of - that wealth does not belong to anyone.	ਹੇ ਪੁੱਤਰ! ਜਿਸ ਧਨ ਦਾ ਤੁਸੀਂ ਮਾਣ ਕਰਦੇ ਹੋ, ਉਹ ਧਨ (ਕਦੇ ਭੀ) ਕਿਸੇ ਦਾ ਆਪਣਾ ਨਹੀਂ ਬਣਿਆ।
51830	1200	ਖਿਨ ਮਹਿ ਛੋਡਿ ਜਾਇ ਬਿਖਿਆ ਰਸੁ ਤਉ ਲਾਗੈ ਪਛੁਤਾਪ॥੧॥		Khin Mehi Shhodd Jaae Bikhiaa Ras Tho Laagai Pashhuthaap ||1||	In an instant, you shall have to leave behind all your corrupt pleasures; you shall be left to regret and repent. ||1||	ਹਰੇਕ ਮਨੁੱਖ ਮਾਇਆ ਦਾ ਚਸਕਾ (ਅੰਤ ਵੇਲੇ) ਇਕ ਖਿਨ ਵਿਚ ਹੀ ਛੱਡ ਜਾਂਦਾ ਹੈ (ਜਦੋਂ ਛੱਡਦਾ ਹੈ) ਤਦੋਂ ਉਸ ਨੂੰ (ਛੱਡਣ ਦਾ) ਹਾਹੁਕਾ ਲੱਗਦਾ ਹੈ ॥੧॥

51831	1200	ਜੋ ਤੁਮਰੇ ਪ੍ਰਭ ਹੋਤੇ ਸੁਆਮੀ ਹਰਿ ਤਿਨ ਕੇ ਜਾਪਹੁ ਜਾਪ॥		Jo Thumarae Prabh Hothae Suaamee Har Thin Kae Jaapahu Jaap ||	He is God, your Lord and Master - chant the Chant of that Lord.	ਹੇ ਪੁੱਤਰ! ਜਿਹੜੇ ਪ੍ਰਭੂ ਜੀ ਤੁਹਾਡੇ (ਸਾਡੇ ਸਭਨਾਂ ਦੇ) ਮਾਲਕ ਹਨ, ਉਹਨਾਂ ਦੇ ਨਾਮ ਦਾ ਜਾਪ ਜਪਿਆ ਕਰੋ।
51832	1200	ਉਪਦੇਸੁ ਕਰਤ ਨਾਨਕ ਜਨ ਤੁਮ ਕਉ ਜਉ ਸੁਨਹੁ ਤਉ ਜਾਇ ਸੰਤਾਪ॥੨॥੧॥੭॥		Oupadhaes Karath Naanak Jan Thum Ko Jo Sunahu Tho Jaae Santhaap ||2||1||7||	Servant Nanak spreads the Teachings; if you listen to it, you shall be rid of your pain. ||2||1||7||	ਹੇ ਨਾਨਕ! (ਆਖ-ਹੇ ਪੁੱਤਰ!) ਪ੍ਰਭੂ ਦੇ ਦਾਸ ਜਿਹੜਾ ਉਪਦੇਸ਼ ਤੁਹਾਨੂੰ ਕਰਦੇ ਹਨ ਜੇ ਤੁਸੀਂ ਉਹ ਉਪਦੇਸ਼ (ਧਿਆਨ ਨਾਲ) ਸੁਣੋ ਤਾਂ (ਤੁਹਾਡੇ ਅੰਦਰੋਂ) ਮਾਨਸਕ ਦੁੱਖ-ਕਲੇਸ਼ ਦੂਰ ਹੋ ਜਾਏ ॥੨॥੧॥੭॥
51833	1200	ਸਾਰਗ ਮਹਲਾ ੪ ਘਰੁ ੫ ਦੁਪਦੇ ਪੜਤਾਲ		Saarag Mehalaa 4 Ghar 5 Dhupadhae Parrathaala	Saarang, Fourth Mehl, Fifth House, Du-Padas, Partaal:	ਰਾਗ ਸਾਰੰਗ, ਘਰ ੫ ਵਿੱਚ ਗੁਰੂ ਰਾਮਦਾਸ ਜੀ ਦੀ ਦੋ-ਬੰਦਾਂ ਵਾਲੀ ਬਾਣੀ 'ਪੜਤਾਲ'।
51834	1200	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

51835	1200	ਜਪਿ ਮਨ ਜਗੰਨਾਥ ਜਗਦੀਸਰੋ ਜਗਜੀਵਨੋ ਮਨਮੋਹਨ ਸਿਉ ਪ੍ਰੀਤਿ ਲਾਗੀ ਮੈ ਹਰਿ ਹਰਿ ਹਰਿ ਟੇਕ ਸਭ ਦਿਨਸੁ ਸਭ ਰਾਤਿ॥੧॥ਰਹਾਉ॥	ਜੱਗਦੀਸਰੋ। ਜੱਗਜੀਵਨੋ	Jap Man Jagannaathh Jagadheesaro Jagajeevano Manamohan Sio Preeth Laagee Mai Har Har Har Ttaek Sabh Dhinas Sabh Raath ||1|| Rehaao ||	O my mind, meditate on the Lord of the World, the Master of the Universe, the Life of the World, the Enticer of the mind; fall in love with Him. I take the Support of the Lord, Har, Har, Har, all day and all night. ||1||Pause||	ਹੇ (ਮੇਰੇ) ਮਨ! ਜਗਤ ਦੇ ਮਾਲਕ ਪਰਮਾਤਮਾ ਦਾ ਨਾਮ ਜਪਿਆ ਕਰ (ਉਸ ਦਾ ਨਾਮ ਜਪਿਆਂ ਉਸ) ਮਨ ਦੇ ਮੋਹਣ ਵਾਲੇ ਪਰਮਾਤਮਾ ਨਾਲ ਪਿਆਰ ਬਣ ਜਾਂਦਾ ਹੈ। ਮੈਨੂੰ ਤਾਂ ਸਾਰਾ ਦਿਨ ਸਾਰੀ ਰਾਤ ਉਸੇ ਪਰਮਾਤਮਾ ਦਾ ਹੀ ਸਹਾਰਾ ਹੈ ॥੧॥ ਰਹਾਉ ॥
51836	1200	ਹਰਿ ਕੀ ਉਪਮਾ ਅਨਿਕ ਅਨਿਕ ਅਨਿਕ ਗੁਨ ਗਾਵਤ ਸੁਕ ਨਾਰਦ ਬ੍ਰਹਮਾਦਿਕ ਤਵ ਗੁਨ ਸੁਆਮੀ ਗਨਿਨ ਨ ਜਾਤਿ॥		Har Kee Oupamaa Anik Anik Anik Gun Gaavath Suk Naaradh Brehamaadhik Thav Gun Suaamee Ganin N Jaath ||	Endless, endless, endless are the Praises of the Lord. Suk Dayv, Naarad and the gods like Brahma sing His Glorious Praises. Your Glorious Virtues, O my Lord and Master, cannot even be counted.	ਪਰਮਾਤਮਾ ਦੀਆਂ ਅਨੇਕਾਂ ਵਡਿਆਈਆਂ ਹਨ। ਹੇ ਸੁਆਮੀ ਪ੍ਰਭੂ! ਸੁਕਦੇਵ ਨਾਰਦ ਬ੍ਰਹਮਾ ਆਦਿਕ ਦੇਵਤੇ ਤੇਰੇ ਗੁਣ ਗਾਂਦੇ ਰਹਿੰਦੇ ਹਨ, ਤੇਰੇ ਗੁਣ ਗਿਣੇ ਨਹੀਂ ਜਾ ਸਕਦੇ।

51837	1200	ਤੂ ਹਰਿ ਬੇਅੰਤੁ ਤੂ ਹਰਿ ਬੇਅੰਤੁ ਤੂ ਹਰਿ ਸੁਆਮੀ ਤੂ ਆਪੇ ਹੀ ਜਾਨਹਿ ਆਪਨੀ ਭਾਂਤਿ॥੧॥		Thoo Har Baeanth Thoo Har Baeanth Thoo Har Suaamee Thoo Aapae Hee Jaanehi Aapanee Bhaanth ||1||	O Lord, You are Infinite, O Lord, You are Infinite, O Lord, You are my Lord and Master; only You Yourself know Your Own Ways. ||1||	ਹੇ ਹਰੀ! ਹੇ ਸੁਆਮੀ! ਤੂੰ ਬੇਅੰਤ ਹੈਂ, ਤੂੰ ਬੇਅੰਤ ਹੈਂ, ਆਪਣੀ ਅਵਸਥਾ ਤੂੰ ਆਪ ਹੀ ਜਾਣਦਾ ਹੈਂ ॥੧॥
51838	1200	ਹਰਿ ਕੈ ਨਿਕਟਿ ਨਿਕਟਿ ਹਰਿ ਨਿਕਟ ਹੀ ਬਸਤੇ ਤੇ ਹਰਿ ਕੇ ਜਨ ਸਾਧੂ ਹਰਿ ਭਗਾਤ॥		Har Kai Nikatt Nikatt Har Nikatt Hee Basathae Thae Har Kae Jan Saadhhoo Har Bhagaath ||	Those who are near, near to the Lord - those who dwell near the Lord - those humble servants of the Lord are the Holy, the devotees of the Lord.	ਜਿਹੜੇ ਮਨੁੱਖ ਪਰਮਾਤਮਾ ਦੇ ਨੇੜੇ ਸਦਾ ਪਰਮਾਤਮਾ ਦੇ ਨੇੜੇ ਵੱਸਦੇ ਹਨ, ਉਹ ਮਨੁੱਖ ਪਰਮਾਤਮਾ ਦੇ ਸਾਧੂ ਜਨ ਹਨ ਪਰਮਾਤਮਾ ਦੇ ਭਗਤ ਹਨ।
51839	1200	ਤੇ ਹਰਿ ਕੇ ਜਨ ਹਰਿ ਸਿਉ ਰਲਿ ਮਿਲੇ ਜੈਸੇ ਜਨ ਨਾਨਕ ਸਲਲੈ ਸਲਲ ਮਿਲਾਤਿ॥੨॥੧॥੮॥		Thae Har Kae Jan Har Sio Ral Milae Jaisae Jan Naanak Salalai Salal Milaath ||2||1||8||	Those humble servants of the Lord merge with their Lord, O Nanak, like water merging with water. ||2||1||8||	ਹੇ ਦਾਸ ਨਾਨਕ! ਪਰਮਾਤਮਾ ਦੇ ਉਹ ਸੇਵਕ ਪਰਮਾਤਮਾ ਨਾਲ ਇਕ-ਮਿਕ ਹੋ ਜਾਂਦੇ ਹਨ, ਜਿਵੇਂ ਪਾਣੀ ਪਾਣੀ ਵਿਚ ਮਿਲ ਜਾਂਦਾ ਹੈ ॥੨॥੧॥੮॥

51840	1201	ਸਾਰੰਗ ਮਹਲਾ ੪॥		Saarang Mehalaa 4 ||	Saarang, Fourth Mehl:	
51841	1201	ਜਪਿ ਮਨ ਨਰਹਰੇ ਨਰਹਰ ਸੁਆਮੀ ਹਰਿ ਸਗਲ ਦੇਵ ਦੇਵਾ ਸ੍ਰੀ ਰਾਮ ਰਾਮ ਨਾਮਾ ਹਰਿ ਪ੍ਰੀਤਮੁ ਮੋਰਾ॥੧॥ਰਹਾਉ॥	ਦੇਵ ਪ੍ਰਕਾਸ਼ਕਾਂ ਦੇ (ਦੇਵਾ) ਪ੍ਰਕਾਸ਼ਕ	Jap Man Nareharae Narehar Suaamee Har Sagal Dhaev Dhaevaa Sree Raam Raam Naamaa Har Preetham Moraa ||1|| Rehaao ||	O my mind, meditate on the Lord, the Lord, your Lord and Master. The Lord is the Most Divine of all the divine beings. Chant the Name of the Lord, Raam, Raam, the Lord, my most Dear Beloved. ||1||Pause||	ਹੇ (ਮੇਰੇ) ਮਨ! (ਸਭ ਦੇ) ਮਾਲਕ ਨਰਹਰ-ਪ੍ਰਭੂ ਦਾ ਨਾਮ ਜਪਿਆ ਕਰ, ਸਰਬ-ਵਿਆਪਕ ਰਾਮ ਦਾ ਨਾਮ ਜਪਿਆ ਕਰ, ਉਹ ਹਰੀ ਸਾਰੇ ਦੇਵਤਿਆਂ ਦਾ ਦੇਵਤਾ ਹੈ, ਉਹੀ ਹਰੀ ਮੇਰਾ ਪ੍ਰੀਤਮ ਹੈ ॥੧॥ ਰਹਾਉ ॥
51842	1201	ਜਿਤੁ ਗ੍ਰਿਹਿ ਗੁਨ ਗਾਵਤੇ ਹਰਿ ਕੇ ਗੁਨ ਗਾਵਤੇ ਰਾਮ ਗੁਨ ਗਾਵਤੇ ਤਿਤੁ ਗ੍ਰਿਹਿ ਵਾਜੇ ਪੰਚ ਸਬਦ ਵਡਭਾਗ ਮਥੋਰਾ॥	ਗ੍ਰਿਹਿ, (ਮੱਥੋਰਾ) ਮੱਥੇ ਦੇ	Jith Grihi Gun Gaavathae Har Kae Gun Gaavathae Raam Gun Gaavathae Thith Grihi Vaajae Panch Sabadh Vadd Bhaag Mathhoraa ||	That household, in which the Glorious Praises of the Lord are sung, in which the Glorious Praises of the Lord are sung, in which His Glorious Praises are sung, where the Panch Shabad, the Five Primal Sounds, resound - great is the destiny written on the f	ਹੇ (ਮੇਰੇ) ਮਨ! ਜਿਸ (ਹਿਰਦੇ-) ਘਰ ਵਿਚ ਪਰਮਾਤਮਾ ਦੇ ਗੁਣ ਗਾਏ ਜਾਂਦੇ ਹਨ, ਹਰੀ ਦੇ ਗੁਣ ਗਾਏ ਜਾਂਦੇ ਹਨ, ਰਾਮ ਦੇ ਗੁਣ ਗਾਏ ਜਾਂਦੇ ਹਨ, ਉਸ (ਹਿਰਦੇ-) ਘਰ ਵਿਚ (ਮਾਨੋ) ਪੰਜ ਹੀ ਕਿਸਮਾਂ ਦੇ ਸਾਜ ਵੱਜ ਰਹੇ ਹਨ ਤੇ ਆਨੰਦ ਬਣਿਆ ਹੋਇਆ ਹੈ। (ਪਰ ਇਹ ਅਵਸਥਾ ਉਹਨਾਂ ਮਨੁੱਖਾਂ ਦੇ ਅੰਦਰ ਹੀ ਬਣਦੀ ਹੈ ਜਿਨ੍ਹਾਂ ਦੇ) ਮੱਥੇ ਦੇ ਵੱਡੇ ਭਾਗ ਜਾਗਦੇ ਹਨ।

51843	1201	ਤਿਨ੍ ਜਨ ਕੇ ਸਭਿ ਪਾਪ ਗਏ ਸਭਿ ਦੋਖ ਗਏ ਸਭਿ ਰੋਗ ਗਏ ਕਾਮੁ ਕ੍ਰੋਧੁ ਲੋਭੁ ਮੋਹੁ ਅਭਿਮਾਨੁ ਗਏ ਤਿਨ੍ ਜਨ ਕੇ ਹਰਿ ਮਾਰਿ ਕਢੇ ਪੰਚ ਚੋਰਾ॥੧॥		Thinh Jan Kae Sabh Paap Geae Sabh Dhokh Geae Sabh Rog Geae Kaam Krodhh Lobh Mohu Abhimaan Geae Thinh Jan Kae Har Maar Kadtae Panch Choraa ||1||	All the sins of that humble being are taken away, all the pains are taken away, all diseases are taken away; sexual desire, anger, greed, attachment and egotistical pride are taken away. The Lord drives the five thieves out of such a person of the Lord. |	ਹੇ ਮਨ! ਉਹਨਾਂ ਮਨੁੱਖਾਂ ਦੇ ਸਾਰੇ ਪਾਪ ਦੂਰ ਹੋ ਜਾਂਦੇ ਹਨ, ਸਾਰੇ ਵਿਕਾਰ ਦੂਰ ਹੋ ਜਾਂਦੇ ਹਨ, ਸਾਰੇ ਰੋਗ ਦੂਰ ਹੋ ਜਾਂਦੇ ਹਨ, (ਉਹਨਾਂ ਦੇ ਅੰਦਰੋਂ) ਕਾਮ ਕ੍ਰੋਧ ਲੋਭ ਮੋਹ ਅਹੰਕਾਰ ਨਾਸ ਹੋ ਜਾਂਦੇ ਹਨ। ਪਰਮਾਤਮਾ ਉਹਨਾਂ ਦੇ ਅੰਦਰੋਂ (ਆਤਮਕ ਜੀਵਨ ਦਾ ਸਰਮਾਇਆ ਚੁਰਾਣ ਵਾਲੇ ਇਹਨਾਂ) ਪੰਜਾਂ ਚੋਰਾਂ ਨੂੰ ਮਾਰ ਕੇ ਕੱਢ ਦੇਂਦਾ ਹੈ ॥੧॥
51844	1201	ਹਰਿ ਰਾਮ ਬੋਲਹੁ ਹਰਿ ਸਾਧੂ ਹਰਿ ਕੇ ਜਨ ਸਾਧੂ ਜਗਦੀਸੁ ਜਪਹੁ ਮਨਿ ਬਚਨਿ ਕਰਮਿ ਹਰਿ ਹਰਿ ਆਰਾਧੂ ਹਰਿ ਕੇ ਜਨ ਸਾਧੂ॥	ਜੱਗਦੀਸੁ	Har Raam Bolahu Har Saadhhoo Har Kae Jan Saadhhoo Jagadhees Japahu Man Bachan Karam Har Har Aaraadhhoo Har Kae Jan Saadhhoo ||	Chant the Name of the Lord, O Holy Saints of the Lord; meditate on the Lord of the Universe, O Holy people of the Lord. Meditate in thought, word and deed on the Lord, Har, Har. Worship and adore the Lord, O Holy people of the Lord.	ਹੇ ਸੰਤ ਜਨੋ! ਪਰਮਾਤਮਾ ਹਰੀ ਦਾ ਨਾਮ ਉਚਾਰਿਆ ਕਰੋ। ਹੇ ਹਰੀ ਦੇ ਸੰਤ ਜਨੋ! ਜਗਤ ਦੇ ਮਾਲਕ-ਪ੍ਰਭੂ ਦਾ ਨਾਮ ਜਪਿਆ ਕਰੋ। ਹੇ ਹਰੀ ਦੇ ਸਾਧ ਜਨੋ! ਆਪਣੇ ਮਨ ਦੀ ਰਾਹੀਂ (ਹਰੇਕ) ਬਚਨ ਦੀ ਰਾਹੀਂ (ਹਰੇਕ) ਕਰਮ ਦੀ ਰਾਹੀਂ ਪ੍ਰਭੂ ਦਾ ਆਰਾਧਨ ਕਰਿਆ ਕਰੋ।

51845	1201	ਹਰਿ ਰਾਮ ਬੋਲਿ ਹਰਿ ਰਾਮ ਬੋਲਿ ਸਭਿ ਪਾਪ ਗਵਾਧੂ॥		Har Raam Bol Har Raam Bol Sabh Paap Gavaadhhoo ||	Chant the Name of the Lord, chant the Name of the Lord. It shall rid you of all your sins.	ਹਰੀ ਦਾ ਨਾਮ ਉਚਾਰ ਕੇ, ਰਾਮ ਦਾ ਨਾਮ ਜਪ ਕੇ ਸਾਰੇ ਪਾਪ ਦੂਰ ਕਰ ਲਵੋਗੇ।
51846	1201	ਨਿਤ ਨਿਤ ਜਾਗਰਣੁ ਕਰਹੁ ਸਦਾ ਸਦਾ ਆਨੰਦੁ ਜਪਿ ਜਗਦੀਸੋਰਾ॥	(ਜਾਗਰਣੁ) ਜਾਗਣਾ। ਜੱਗਦੀਸੋਰਾ: ਸੋ ਹੋੜੇ ਔਂਕੜ ਵਿਚਾਲੇ ਬੋਲੋ	Nith Nith Jaagaran Karahu Sadhaa Sadhaa Aanandh Jap Jagadheesuoraa ||	Continually and continuously remain awake and aware. You shall be in ecstasy forever and ever, meditating on the Lord of the Universe.	ਹੇ ਸੰਤ ਜਨੋ! ਸਦਾ ਹੀ (ਵਿਕਾਰਾਂ ਦੇ ਹੱਲਿਆਂ ਵਲੋਂ) ਸੁਚੇਤ ਰਹੋ। ਜਗਤ ਦੇ ਮਾਲਕ ਦਾ ਨਾਮ ਜਪ ਜਪ ਕੇ ਸਦਾ ਹੀ ਆਤਮਕ ਆਨੰਦ ਬਣਿਆ ਰਹਿੰਦਾ ਹੈ।
51847	1201	ਮਨ ਇਛੇ ਫਲ ਪਾਵਹੁ ਸਭੈ ਫਲ ਪਾਵਹੁ ਧਰਮੁ ਅਰਥੁ ਕਾਮ ਮੋਖੁ ਜਨ ਨਾਨਕ ਹਰਿ ਸਿਉ ਮਿਲੇ ਹਰਿ ਭਗਤ ਤੋਰਾ॥੨॥੨॥੯॥		Man Eishhae Fal Paavahu Sabhai Fal Paavahu Dhharam Arathh Kaam Mokh Jan Naanak Har Sio Milae Har Bhagath Thoraa ||2||2||9||	Servant Nanak: O Lord, Your devotees obtain the fruits of their minds' desires; they obtain all the fruits and rewards, and the four great blessings - Dharmic faith, wealth and riches, sexual success and liberation. ||2||2||9||	ਹੇ ਸੰਤ ਜਨੋ! (ਨਾਮ ਦੀ ਬਰਕਤਿ ਨਾਲ) ਸਾਰੇ ਮਨ-ਮੰਗੇ ਫਲ ਹਾਸਲ ਕਰੋਗੇ, ਸਾਰੀਆਂ ਮੁਰਾਦਾਂ ਪਾ ਲਵੋਗੇ। ਧਰਮ, ਅਰਥ, ਕਾਮ, ਮੋਖ-ਇਹ ਚਾਰੇ ਪਦਾਰਥ ਪ੍ਰਾਪਤ ਕਰ ਲਵੋਗੇ। ਹੇ ਦਾਸ ਨਾਨਕ! ਹੇ ਹਰੀ! ਜਿਹੜੇ ਮਨੁੱਖ ਤੇਰੇ (ਚਰਨਾਂ) ਨਾਲ ਜੁੜੇ ਰਹਿੰਦੇ ਹਨ ਉਹੀ ਤੇਰੇ ਭਗਤ ਹਨ ॥੨॥੨॥੯॥
51848	1201	ਸਾਰਗ ਮਹਲਾ ੪॥		Saarag Mehalaa 4 ||	Saarang, Fourth Mehl:	

51849	1201	ਜਪਿ ਮਨ ਮਾਧੋ ਮਧਸੂਦਨੋ ਹਰਿ ਸ੍ਰੀਰੰਗੋ ਪਰਮੇਸਰੋ ਸਤਿ ਪਰਮੇਸਰੋ ਪ੍ਰਭੁ ਅੰਤਰਜਾਮੀ॥	(ਸ੍ਰੀ) ਸੋਭਾ ਵਾਲੇ, ਸ਼ਰੋਮਣੀ। (ਸ੍ਰੀਰੰਗੋ) ਅਨੰਦ ਸਰੂਪ ਵਾਹਿਗੁਰੂ	Jap Man Maadhho Madhhusoodhano Har Sreerango Paramaesaro Sath Paramaesaro Prabh Antharajaamee ||	O my mind, meditate on the Lord, the Lord of Wealth, the Source of Nectar, the Supreme Lord God, the True Transcendent Being, God, the Inner-knower, the Searcher of hearts.	ਹੇ ਮੇਰੇ ਮਨ! ਹਰੇਕ ਦੇ ਦਿਲ ਦੀ ਜਾਣਨ ਵਾਲੇ ਪ੍ਰਭੂ ਦਾ ਨਾਮ ਜਪਿਆ ਕਰ, ਉਹੀ ਮਾਇਆ ਦਾ ਪਤੀ ਹੈ, ਉਹੀ ਮਧੂ ਰਾਖਸ਼ ਦਾ ਮਾਰਨ ਵਾਲਾ ਹੈ, ਉਹੀ ਹਰੀ ਲੱਛਮੀ ਦਾ ਖਸਮ ਹੈ, ਉਹੀ ਸਭ ਤੋਂ ਵੱਡਾ ਮਾਲਕ ਹੈ, ਉਹ ਸਦਾ ਕਾਇਮ ਰਹਿਣ ਵਾਲਾ ਹੈ।
51850	1201	ਸਭ ਦੂਖਨ ਕੋ ਹੰਤਾ ਸਭ ਸੂਖਨ ਕੋ ਦਾਤਾ ਹਰਿ ਪ੍ਰੀਤਮ ਗੁਨ ਗਾਉ॥੧॥ਰਹਾਉ॥		Sabh Dhookhan Ko Hanthaa Sabh Sookhan Ko Dhaathaa Har Preetham Gun Gaao ||1|| Rehaao ||	He is the Destroyer of all suffering, the Giver of all peace; sing the Praises of my Beloved Lord God. ||1||Pause||	ਹੇ ਮੇਰੇ ਮਨ! ਹਰੀ ਪ੍ਰੀਤਮ ਦੇ ਗੁਣ ਗਾਇਆ ਕਰ, ਉਹੀ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਉਹੀ ਸਾਰੇ ਸੁਖਾਂ ਦਾ ਦੇਣ ਵਾਲਾ ਹੈ ॥੧॥ ਰਹਾਉ ॥
51851	1201	ਹਰਿ ਘਟਿ ਘਟੇ ਘਟਿ ਬਸਤਾ ਹਰਿ ਜਲਿ ਥਲੇ ਹਰਿ ਬਸਤਾ ਹਰਿ ਥਾਨ ਥਾਨੰਤਰਿ ਬਸਤਾ ਮੈ ਹਰਿ ਦੇਖਨ ਕੋ ਚਾਉ॥	ੳ: ਹੋੜੇ ਔਂਕੜ ਵਿਚਾਲੇ ਬੋਲੋ	Har Ghatt Ghattae Ghatt Basathaa Har Jal Thhalae Har Basathaa Har Thhaan Thhaananthar Basathaa Mai Har Dhaekhan Ko Chaao ||	The Lord dwells in the home of each and every heart. The Lord dwells in the water, and the Lord dwells on the land. The Lord dwells in the spaces and interspaces. I have such a great longing to see the Lord.	ਹੇ ਮੇਰੇ ਮਨ! ਉਹ ਹਰੀ ਹਰੇਕ ਸਰੀਰ ਵਿਚ ਵੱਸਦਾ ਹੈ, ਜਲ ਵਿਚ ਧਰਤੀ ਵਿਚ ਵੱਸਦਾ ਹੈ, ਹਰੇਕ ਥਾਂ ਵਿਚ ਵੱਸਦਾ ਹੈ, ਮੇਰੇ ਅੰਦਰ ਉਸ ਦੇ ਦਰਸਨ ਦੀ ਤਾਂਘ ਹੈ।

51852	1201	ਕੋਈ ਆਵੈ ਸੰਤੋ ਹਰਿ ਕਾ ਜਨੁ ਸੰਤੋ ਮੇਰਾ ਪ੍ਰੀਤਮ ਜਨੁ ਸੰਤੋ ਮੋਹਿ ਮਾਰਗੁ ਦਿਖਲਾਵੈ॥		Koee Aavai Santho Har Kaa Jan Santho Maeraa Preetham Jan Santho Mohi Maarag Dhikhalaavai ||	If only some Saint, some humble Saint of the Lord, my Holy Beloved, would come, to show me the way.	ਹੇ ਮੇਰੇ ਮਨ! ਜੇ ਕੋਈ ਸੰਤ ਮੈਨੂੰ ਆ ਮਿਲੇ, ਹਰੀ ਦਾ ਕੋਈ ਸੰਤ ਆ ਮਿਲੇ, ਕੋਈ ਮੇਰਾ ਪਿਆਰਾ ਸੰਤ ਜਨ ਮੈਨੂੰ ਆ ਮਿਲੇ, ਤੇ, ਮੈਨੂੰ (ਪਰਮਾਤਮਾ ਦੇ ਮਿਲਾਪ ਦਾ) ਰਾਹ ਵਿਖਾ ਜਾਏ,
51853	1201	ਤਿਸੁ ਜਨ ਕੇ ਹਉ ਮਲਿ ਮਲਿ ਧੋਵਾ ਪਾਉ॥੧॥	ਪਾਉ: ਹੋੜੇ ਔਂਕੜ ਵਿਚਾਲੇ ਬੋਲੋ	This Jan Kae Ho Mal Mal Dhhovaa Paao ||1||	I would wash and massage the feet of that humble being. ||1||	ਮੈਂ ਉਸ ਦੇ ਪੈਰ ਮਲ ਮਲ ਕੇ ਧੋਵਾਂ ॥੧॥
51854	1201	ਹਰਿ ਜਨ ਕਉ ਹਰਿ ਮਿਲਿਆ ਹਰਿ ਸਰਧਾ ਤੇ ਮਿਲਿਆ ਗੁਰਮੁਖਿ ਹਰਿ ਮਿਲਿਆ॥		Har Jan Ko Har Miliaa Har Saradhhaa Thae Miliaa Guramukh Har Miliaa ||	The Lord's humble servant meets the Lord, through his faith in the Lord; meeting the Lord, he becomes Gurmukh.	ਪਰਮਾਤਮਾ ਆਪਣੇ ਕਿਸੇ ਸੇਵਕ ਨੂੰ ਮਿਲਦਾ ਹੈ, (ਸੇਵਕ ਦੀ) ਸਰਧਾ-ਭਾਵਨੀ ਨਾਲ ਮਿਲਦਾ ਹੈ, ਗੁਰੂ ਦੀ ਸਰਨ ਪਿਆਂ ਮਿਲਦਾ ਹੈ।
51855	1201	ਮੇਰੈ ਮਨਿ ਤਨਿ ਆਨੰਦ ਭਏ ਮੈ ਦੇਖਿਆ ਹਰਿ ਰਾਉ॥	ਰਾਉ: ਹੋੜੇ ਔਂਕੜ ਵਿਚਾਲੇ ਬੋਲੋ	Maerai Man Than Aanandh Bheae Mai Dhaekhiaa Har Raao ||	My mind and body are in ecstasy; I have seen my Sovereign Lord King.	(ਗੁਰੂ ਦੀ ਮਿਹਰ ਨਾਲ ਜਦੋਂ ਮੈਂ ਭੀ) ਪ੍ਰਭੂ-ਪਾਤਿਸ਼ਾਹ ਦਾ ਦਰਸਨ ਕੀਤਾ, ਤਾਂ ਮੇਰੇ ਮਨ ਵਿਚ ਮੇਰੇ ਤਨ ਵਿਚ ਖ਼ੁਸ਼ੀ ਹੀ ਖ਼ੁਸ਼ੀ ਪੈਦਾ ਹੋ ਗਈ।

51856	1201	ਜਨ ਨਾਨਕ ਕਉ ਕਿਰਪਾ ਭਈ ਹਰਿ ਕੀ ਕਿਰਪਾ ਭਈ ਜਗਦੀਸੁਰ ਕਿਰਪਾ ਭਈ॥		Jan Naanak Ko Kirapaa Bhee Har Kee Kirapaa Bhee Jagadheesur Kirapaa Bhee ||	Servant Nanak has been blessed with Grace, blessed with the Lord's Grace, blessed with the Grace of the Lord of the Universe.	ਦਾਸ ਨਾਨਕ ਉਤੇ (ਭੀ) ਮਿਹਰ ਹੋਈ ਹੈ, ਹਰੀ ਦੀ ਮਿਹਰ ਹੋਈ ਹੈ, ਜਗਤ ਦੇ ਮਾਲਕ ਦੀ ਮਿਹਰ ਹੋਈ ਹੈ,
51857	1201	ਮੈ ਅਨ ਦਿਨੋ ਸਦ ਸਦ ਸਦਾ ਹਰਿ ਜਪਿਆ ਹਰਿ ਨਾਉ॥੨॥੩॥੧੦॥	ਨਾਉ: ਹੋੜੇ ਔਂਕੜ ਵਿਚਾਲੇ ਬੋਲੋ	Mai Anadhino Sadh Sadh Sadhaa Har Japiaa Har Naao ||2||3||10||	I meditate on the Lord, the Name of the Lord, night and day, forever, forever and ever. ||2||3||10||	ਮੈਂ ਹੁਣ ਹਰ ਵੇਲੇ ਸਦਾ ਹੀ ਸਦਾ ਹੀ ਸਦਾ ਹੀ ਉਸ ਹਰੀ ਦਾ ਨਾਮ ਜਪ ਰਿਹਾ ਹਾਂ ॥੨॥੩॥੧੦॥
51858	1201	ਸਾਰਗ ਮਹਲਾ ੪॥		Saarag Mehalaa 4 ||	Saarang, Fourth Mehl:	
51859	1201	ਜਪਿ ਮਨ ਨਿਰਭਉ॥		Jap Man Nirabho ||	O my mind, meditate on the Fearless Lord,	ਹੇ (ਮੇਰੇ) ਮਨ! ਉਸ ਪਰਮਾਤਮਾ ਦਾ ਨਾਮ ਜਪਿਆ ਕਰ, ਜਿਸ ਨੂੰ ਕਿਸੇ ਤੋਂ ਕੋਈ ਡਰ ਨਹੀਂ,
51860	1201	ਸਤਿ ਸਤਿ ਸਦਾ ਸਤਿ॥		Sath Sath Sadhaa Sath ||	Who is True, True, Forever True.	ਜੋ ਸਦਾ ਸਦਾ ਹੀ ਕਾਇਮ ਰਹਿਣ ਵਾਲਾ ਹੈ,
51861	1201	ਨਿਰਵੈਰੁ ਅਕਾਲ ਮੂਰਤਿ॥		Niravair Akaal Moorath ||	He is free of vengeance, the Image of the Undying,	ਜਿਸ ਦਾ ਕਿਸੇ ਨਾਲ ਕੋਈ ਵੈਰ ਨਹੀਂ, ਜਿਸ ਦੀ ਹਸਤੀ ਮੌਤ ਤੋਂ ਪਰੇ ਹੈ,

51862	1201	ਆਜੂਨੀ ਸੰਭਉ॥		Aajoonee Sanbho ||	Beyond birth, Self-existent.	ਜੋ ਜੂਨਾਂ ਵਿਚ ਨਹੀਂ ਆਉਂਦਾ, ਜੋ ਆਪਣੇ ਆਪ ਤੋਂ ਪਰਗਟ ਹੁੰਦਾ ਹੈ।
51863	1201	ਮੇਰੇ ਮਨ ਅਨ ਦਿਨੋ ਧਿਆਇ ਨਿਰੰਕਾਰੁ ਨਿਰਾਹਾਰੀ॥੧॥ਰਹਾਉ॥		Maerae Man Anadhinuo Dhhiaae Nirankaar Niraahaaree ||1|| Rehaao ||	O my mind, meditate night and day on the Formless, Self-sustaining Lord. ||1||Pause||	ਹੇ ਮੇਰੇ ਮਨ! ਹਰ ਵੇਲੇ ਉਸ ਪਰਮਾਤਮਾ ਦਾ ਧਿਆਨ ਧਰਿਆ ਕਰ, ਜਿਸ ਦੀ ਕੋਈ ਸ਼ਕਲ ਨਹੀਂ ਦੱਸੀ ਜਾ ਸਕਦੀ, ਜਿਸ ਨੂੰ ਕਿਸੇ ਖ਼ੁਰਾਕ ਦੀ ਲੋੜ ਨਹੀਂ ॥੧॥ ਰਹਾਉ ॥
51864	1201	ਹਰਿ ਦਰਸਨ ਕਉ ਹਰਿ ਦਰਸਨ ਕਉ ਕੋਟਿ ਕੋਟਿ ਤੇਤੀਸ ਸਿਧ ਜਤੀ ਜੋਗੀ ਤਟ ਤੀਰਥ ਪਰਭਵਨ ਕਰਤ ਰਹਤ ਨਿਰਾਹਾਰੀ॥	(ਪਰਭਵਨ) (ਪਰ) ਵਿਸ਼ੇਸ਼ ਕਰਕੇ (ਭਵਨ) ਭੌਣਾ। ਪਰ-ਭਵਨ	Har Dharasan Ko Har Dharasan Ko Kott Kott Thaethees Sidhh Jathee Jogee Thatt Theerathh Parabhavan Karath Rehath Niraahaaree ||	For the Blessed Vision of the Lord's Darshan, for the Blessed Vision of the Lord's Darshan, the three hundred thirty million gods, and millions of Siddhas, celibates and Yogis make their pilgrimages to sacred shrines and rivers, and go on fasts.	ਹੇ ਮੇਰੇ ਮਨ! ਉਸ ਪਰਮਾਤਮਾ ਦੇ ਦਰਸਨ ਦੀ ਖ਼ਾਤਰ ਤੇਤੀ ਕ੍ਰੋੜ ਦੇਵਤੇ, ਸਿੱਧ ਜਤੀ ਅਤੇ ਜੋਗੀ ਭੁੱਖੇ ਰਹਿ ਰਹਿ ਕੇ ਅਨੇਕਾਂ ਤੀਰਥਾਂ ਤੇ ਰਟਨ ਕਰਦੇ ਫਿਰਦੇ ਹਨ।

51865	1201	ਤਿਨ ਜਨ ਕੀ ਸੇਵਾ ਥਾਇ ਪਈ ਜਿਨ੍ਹ ਕਉ ਕਿਰਪਾਲ ਹੋਵਤੁ ਬਨਵਾਰੀ॥੧॥		Thin Jan Kee Saevaa Thhaae Pee Jinh Ko Kirapaal Hovath Banavaaree ||1||	The service of the humble person is approved, unto whom the Lord of the World shows His Mercy. ||1||	ਹੇ ਮਨ! ਉਹਨਾਂ (ਭਾਗਾਂ ਵਾਲਿਆਂ) ਦੀ ਹੀ ਸੇਵਾ ਕਬੂਲ ਹੁੰਦੀ ਹੈ ਜਿਨ੍ਹਾਂ ਉੱਤੇ ਪਰਮਾਤਮਾ ਆਪ ਦਇਆਵਾਨ ਹੁੰਦਾ ਹੈ ॥੧॥
51866	1201	ਹਰਿ ਕੇ ਹੋ ਸੰਤ ਭਲੇ ਤੇ ਊਤਮ ਭਗਤ ਭਲੇ ਜੋ ਭਾਵਤ ਹਰਿ ਰਾਮ ਮੁਰਾਰੀ॥		Har Kae Ho Santh Bhalae Thae Ootham Bhagath Bhalae Jo Bhaavath Har Raam Muraaree ||	They alone are the good Saints of the Lord, the best and most exalted devotees, who are pleasing to their Lord.	ਹੇ ਭਾਈ! ਉਹ ਹਰੀ ਦੇ ਸੰਤ ਚੰਗੇ ਹਨ, ਉਹ ਹਰੀ ਦੇ ਭਗਤ ਸ੍ਰੇਸ਼ਟ ਹਨ ਜਿਹੜੇ ਦੁਸ਼ਟ-ਦਮਨ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ।
51867	1201	ਜਿਨ੍ਹ ਕਾ ਅੰਗੁ ਕਰੈ ਮੇਰਾ ਸੁਆਮੀ ਤਿਨ੍ਹ ਕੀ ਨਾਨਕ ਹਰਿ ਪੈਜ ਸਵਾਰੀ॥੨॥੪॥੧੧॥		Jinh Kaa Ang Karai Maeraa Suaamee Thinh Kee Naanak Har Paij Savaaree ||2||4||11||	Those who have my Lord and Master on their side - O Nanak, the Lord saves their honor. ||2||4||11||	ਹੇ ਨਾਨਕ! ਮੇਰਾ ਮਾਲਕ-ਪ੍ਰਭੂ ਜਿਨ੍ਹਾਂ ਮਨੁੱਖਾਂ ਦਾ ਪੱਖ ਕਰਦਾ ਹੈ (ਲੋਕ ਪਰਲੋਕ ਵਿਚ) ਉਹਨਾਂ ਦੀ ਇੱਜ਼ਤ ਰੱਖ ਲੈਂਦਾ ਹੈ ॥੨॥੪॥੧੧॥
51868	1202	ਸਾਰਗ ਮਹਲਾ ੪ ਪੜਤਾਲ॥		Saarag Mehalaa 4 Parrathaal ||	Saarang, Fourth Mehl, Partaal:	

51869	1202	ਜਪਿ ਮਨ ਗੋਵਿੰਦੁ ਹਰਿ ਗੋਵਿੰਦੁ ਗੁਣੀ ਨਿਧਾਨੁ ਸਭ ਸ੍ਰਿਸਟਿ ਕਾ ਪ੍ਰਭੋ ਮੇਰੇ ਮਨ ਹਰਿ ਬੋਲਿ ਹਰਿ ਪੁਰਖੁ ਅਬਿਨਾਸੀ॥੧॥ਰਹਾਉ॥		Jap Man Govindh Har Govindh Gunee Nidhhaan Sabh Srisatt Kaa Prabho Maerae Man Har Bol Har Purakh Abinaasee ||1|| Rehaao ||	O my mind, meditate on the Lord of the Universe, the Lord, the Lord of the Universe, the Treasure of Virtue, the God of all creation. O my mind, chant the Name of the Lord, the Lord, the Eternal, Imperishable, Primal Lord God. ||1||Pause||	ਹੇ (ਮੇਰੇ) ਮਨ! ਗੋਬਿੰਦ (ਦਾ ਨਾਮ) ਜਪ, ਹਰੀ (ਦਾ ਨਾਮ) ਜਪ। ਹਰੀ ਗੁਣਾਂ ਦਾ ਖ਼ਜ਼ਾਨਾ ਹੈ, ਸਾਰੀ ਸ੍ਰਿਸ਼ਟੀ ਦਾ ਮਾਲਕ ਹੈ। ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਉਚਾਰਿਆ ਕਰ, ਉਹ ਪਰਮਾਤਮਾ ਸਰਬ-ਵਿਆਪਕ ਹੈ, ਨਾਸ-ਰਹਿਤ ਹੈ ॥੧॥ ਰਹਾਉ ॥
51870	1202	ਹਰਿ ਕਾ ਨਾਮੁ ਅੰਮ੍ਰਿਤੁ ਹਰਿ ਹਰਿ ਹਰੇ ਸੋ ਪੀਐ ਜਿਸੁ ਰਾਮੁ ਪਿਆਸੀ॥		Har Kaa Naam Anmrith Har Har Harae So Peeai Jis Raam Piaasee ||	The Name of the Lord is the Ambrosial Nectar, Har, Har, Har. He alone drinks it in, whom the Lord inspires to drink it.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਜਲ ਹੈ, (ਇਹ ਜਲ) ਉਹ ਮਨੁੱਖ ਪੀਂਦਾ ਹੈ, ਜਿਸ ਨੂੰ ਪਰਮਾਤਮਾ (ਆਪ) ਪਿਲਾਂਦਾ ਹੈ।

51871	1202	ਹਰਿ ਆਪਿ ਦਇਆਲੁ ਦਇਆ ਕਰਿ ਮੇਲੈ ਜਿਸੁ ਸਤਿਗੁਰੂ ਸੋ ਜਨੁ ਹਰਿ ਹਰਿ ਅੰਮ੍ਰਿਤ ਨਾਮੁ ਚਖਾਸੀ॥੧॥		Har Aap Dhaeiaal Dhaeiaa Kar Maelai Jis Sathiguroo So Jan Har Har Anmrith Naam Chakhaasee ||1||	The Merciful Lord Himself bestows His Mercy, and He leads the mortal to meet with the True Guru. That humble being tastes the Ambrosial Name of the Lord, Har, Har. ||1||	ਦਇਆ ਦਾ ਘਰ ਪ੍ਰਭੂ ਮਿਹਰ ਕਰ ਕੇ ਜਿਸ ਮਨੁੱਖ ਨੂੰ ਗੁਰੂ ਮਿਲਾਂਦਾ ਹੈ, ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਜਲ ਚੱਖਦਾ ਹੈ ॥੧॥
51872	1202	ਜੋ ਜਨ ਸੇਵਹਿ ਸਦ ਸਦਾ ਮੇਰਾ ਹਰਿ ਹਰੇ ਤਿਨ ਕਾ ਸਭੁ ਦੂਖੁ ਭਰਮੁ ਭਉ ਜਾਸੀ॥		Jo Jan Saevehi Sadh Sadhaa Maeraa Har Harae Thin Kaa Sabh Dhookh Bharam Bho Jaasee ||	Those who serve my Lord, forever and ever - all their pain, doubt and fear are taken away.	ਹੇ ਮੇਰੇ ਮਨ! ਜਿਹੜੇ ਮਨੁੱਖ ਸਦਾ ਹੀ ਸਦਾ ਹੀ ਪਰਮਾਤਮਾ ਦਾ ਨਾਮ ਸਿਮਰਦੇ ਰਹਿੰਦੇ ਹਨ, ਉਹਨਾਂ ਦਾ ਹਰੇਕ ਦੁੱਖ, ਉਹਨਾਂ ਦਾ ਹਰੇਕ ਭਰਮ, ਉਹਨਾਂ ਦਾ ਹਰੇਕ ਡਰ ਦੂਰ ਹੋ ਜਾਂਦਾ ਹੈ।
51873	1202	ਜਨੁ ਨਾਨਕੁ ਨਾਮੁ ਲਏ ਤਾਂ ਜੀਵੈ ਜਿਉ ਚਾਤ੍ਰਿਕੁ ਜਲਿ ਪੀਐ ਤ੍ਰਿਪਤਾਸੀ॥੨॥੫॥੧੨॥		Jan Naanak Naam Leae Thaan Jeevai Jio Chaathrik Jal Peeai Thripathaasee ||2||5||12||	Servant Nanak chants the Naam, the Name of the Lord, and so he lives, like the song-bird, which is satisfied only by drinking in the water. ||2||5||12||	(ਪ੍ਰਭੂ ਦਾ) ਦਾਸ ਨਾਨਕ (ਭੀ ਜਦੋਂ) ਪ੍ਰਭੂ ਦਾ ਨਾਮ ਜਪਦਾ ਹੈ ਤਦੋਂ ਆਤਮਕ ਜੀਵਨ ਪ੍ਰਾਪਤ ਕਰ ਲੈਂਦਾ ਹੈ, ਜਿਵੇਂ ਪਪੀਹਾ (ਸ੍ਵਾਂਤੀ ਨਛੱਤ੍ਰ ਦੀ ਵਰਖਾ ਦਾ) ਪਾਣੀ ਪੀਣ ਨਾਲ ਰੱਜ ਜਾਂਦਾ ਹੈ ॥੨॥੫॥੧੨॥

51874	1202	ਸਾਰਗ ਮਹਲਾ ੪॥		Saarag Mehalaa 4 ||	Saarang, Fourth Mehl:	
51875	1202	ਜਪਿ ਮਨ ਸਿਰੀ ਰਾਮੁ॥		Jap Man Siree Raam ||	O my mind, meditate on the Supreme Lord.	ਹੇ (ਮੇਰੇ) ਮਨ! ਸ੍ਰੀ ਰਾਮ (ਦਾ ਨਾਮ) ਜਪਿਆ ਕਰ,
51876	1202	ਰਾਮ ਰਮਤ ਰਾਮੁ॥		Raam Ramath Raam ||	The Lord, the Lord is All-pervading.	(ਉਸ ਰਾਮ ਦਾ) ਜਿਹੜਾ ਸਭ ਥਾਈਂ ਵਿਆਪਕ ਹੈ,
51877	1202	ਸਤਿ ਸਤਿ ਰਾਮੁ॥		Sath Sath Raam ||	True, True is the Lord.	ਜਿਹੜਾ ਸਦਾ ਹੀ ਸਦਾ ਹੀ ਕਾਇਮ ਰਹਿਣ ਵਾਲਾ ਹੈ।
51878	1202	ਬੋਲਹੁ ਭਈਆ ਸਦ ਰਾਮ ਰਾਮੁ ਰਾਮੁ ਰਵਿ ਰਹਿਆ ਸਰਬਗੇ॥੧॥ਰਹਾਉ॥	ਸਰ-ਬੱਗੇ	Bolahu Bheeaa Sadh Raam Raam Raam Rav Rehiaa Sarabagae ||1|| Rehaao ||	O Siblings of Destiny, chant the Name of the Lord, Raam, Raam, Raam, forever. He is All-pervading everywhere. ||1||Pause||	ਹੇ ਭਾਈ! ਸਦਾ ਰਾਮ ਦਾ ਨਾਮ ਬੋਲਿਆ ਕਰੋ, ਉਹ ਸਭ ਥਾਵਾਂ ਵਿਚ ਮੌਜੂਦ ਹੈ, ਉਹ ਸਭ ਕੁਝ ਜਾਣਨ ਵਾਲਾ ਹੈ ॥੧॥ ਰਹਾਉ ॥
51879	1202	ਰਾਮੁ ਆਪੇ ਆਪਿ ਆਪੇ ਸਭੁ ਕਰਤਾ ਰਾਮੁ ਆਪੇ ਆਪਿ ਆਪਿ ਸਭਤੁ ਜਗੇ॥	ਜਗੇ: ਪੋਲਾ ਬੋਲੋ	Raam Aapae Aap Aapae Sabh Karathaa Raam Aapae Aap Aap Sabhath Jagae ||	The Lord Himself is Himself the Creator of all. The Lord Himself is Himself pervading the whole world.	ਉਹ ਰਾਮ (ਸਭ ਥਾਈਂ) ਆਪ ਹੀ ਆਪ ਹੈ, ਆਪ ਹੀ ਸਭ ਕੁਝ ਪੈਦਾ ਕਰਨ ਵਾਲਾ ਹੈ, ਜਗਤ ਵਿਚ ਸਭਨੀਂ ਥਾਈਂ ਆਪ ਹੀ ਆਪ ਮੌਜੂਦ ਹੈ।

51880	1202	ਜਿਸੁ ਆਪਿ ਕ੍ਰਿਪਾ ਕਰੇ ਮੇਰਾ ਰਾਮ ਰਾਮ ਰਾਮਰਾਇ ਸੋ ਜਨੁ ਰਾਮ ਨਾਮ ਲਿਵ ਲਾਗੇ॥੧॥		Jis Aap Kirapaa Karae Maeraa Raam Raam Raam Raae So Jan Raam Naam Liv Laagae ||1||	That person, upon whom my Sovereign Lord King, Raam, Raam, Raam, bestows His Mercy - that person is lovingly attuned to the Lord's Name. ||1||	ਜਿਸ ਮਨੁੱਖ ਉਤੇ ਉਹ ਮੇਰਾ ਪਿਆਰਾ ਰਾਮ ਮਿਹਰ ਕਰਦਾ ਹੈ, ਉਹ ਮਨੁੱਖ ਰਾਮ ਦੇ ਨਾਮ ਦੀ ਲਗਨ ਵਿਚ ਜੁੜਦਾ ਹੈ ॥੧॥
51881	1202	ਰਾਮ ਨਾਮ ਕੀ ਉਪਮਾ ਦੇਖਹੁ ਹਰਿ ਸੰਤਹੁ ਜੋ ਭਗਤ ਜਨਾਂ ਕੀ ਪਤਿ ਰਾਖੈ ਵਿਚਿ ਕਲਿਜੁਗ ਅਗੇ॥	ਅੱਗੇ	Raam Naam Kee Oupamaa Dhaekhahu Har Santhahu Jo Bhagath Janaan Kee Path Raakhai Vich Kalijug Agae ||	O Saints of the Lord, behold the Glory of the Name of the Lord; His Name saves the honor of His humble devotees in this Dark Age of Kali Yuga.	ਹੇ ਸੰਤ ਜਨੋ! ਉਸ ਪਰਮਾਤਮਾ ਦੇ ਨਾਮ ਦੀ ਵਡਿਆਈ ਵੇਖੋ, ਜਿਹੜਾ ਇਸ ਵਿਕਾਰਾਂ-ਭਰੇ ਜਗਤ ਦੀ ਵਿਕਾਰਾਂ ਦੀ ਅੱਗ ਵਿਚ ਆਪਣੇ ਭਗਤਾਂ ਦੀ ਆਪ ਇੱਜ਼ਤ ਰੱਖਦਾ ਹੈ।
51882	1202	ਜਨ ਨਾਨਕ ਕਾ ਅੰਗੁ ਕੀਆ ਮੇਰੈ ਰਾਮਰਾਇ ਦੁਸਮਨ ਦੂਖ ਗਏ ਸਭਿ ਭਗੇ॥੨॥੬॥੧੩॥	ਭੱਗੇ	Jan Naanak Kaa Ang Keeaa Maerai Raam Raae Dhusaman Dhookh Geae Sabh Bhagae ||2||6||13||	My Sovereign Lord King has taken servant Nanak's side; his enemies and attackers have all run away. ||2||6||13||	ਹੇ ਨਾਨਕ! ਮੇਰੇ ਪ੍ਰਭੂ-ਪਾਤਿਸ਼ਾਹ ਨੇ (ਆਪਣੇ ਜਿਸ) ਸੇਵਕ ਦਾ ਪੱਖ ਕੀਤਾ, ਉਸ ਦੇ ਸਾਰੇ ਵੈਰੀ ਉਸ ਦੇ ਸਾਰੇ ਦੁੱਖ ਦੂਰ ਹੋ ਗਏ ॥੨॥੬॥੧੩॥

51883	1202	ਸਾਰੰਗ ਮਹਲਾ ੫ ਚਉਪਦੇ ਘਰੁ ੧		Saarang Mehalaa 5 Choupadhae Ghar 1	Saarang, Fifth Mehl, Chau-Padas, First House:	ਰਾਗ ਸਾਰੰਗ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
51884	1202	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
51885	1202	ਸਤਿਗੁਰ ਮੂਰਤਿ ਕਉ ਬਲਿ ਜਾਉ॥		Sathigur Moorath Ko Bal Jaao ||	I am a sacrifice to the Image of the True Guru.	ਮੈਂ (ਤਾਂ ਆਪਣੇ) ਗੁਰੂ ਤੋਂ ਕੁਰਬਾਨ ਜਾਂਦਾ ਹਾਂ।
51886	1202	ਅੰਤਰਿ ਪਿਆਸ ਚਾਤ੍ਰਿਕ ਜਿਉ ਜਲ ਕੀ ਸਫਲ ਦਰਸਨੁ ਕਦਿ ਪਾਂਉ॥੧॥ਰਹਾਉ॥		Anthar Piaas Chaathrik Jio Jal Kee Safal Dharasan Kadh Paano ||1|| Rehaao ||	My inner being is filled with a great thirst, like that of the song-bird for water. When shall I find the Fruitful Vision of His Darshan? ||1||Pause||	ਜਿਵੇਂ ਪਪੀਹੇ ਨੂੰ (ਸ੍ਵਾਂਤੀ ਨਛੱਤ੍ਰ ਦੀ ਵਰਖਾ ਦੇ) ਪਾਣੀ ਦੀ ਪਿਆਸ ਹੁੰਦੀ ਹੈ, (ਤਿਵੇਂ ਮੇਰੇ) ਅੰਦਰ ਇਹ ਤਾਂਘ ਰਹਿੰਦੀ ਹੈ ਕਿ ਮੈਂ (ਗੁਰੂ ਦੀ ਰਾਹੀਂ) ਕਦੋਂ ਉਸ ਹਰੀ ਦਾ ਦਰਸਨ ਕਰਾਂਗਾ ਜੋ ਸਾਰੀਆਂ ਮੁਰਾਦਾਂ ਪੂਰੀਆਂ ਕਰਨ ਵਾਲਾ ਹੈ ॥੧॥ ਰਹਾਉ ॥
51887	1202	ਅਨਾਥਾ ਕੋ ਨਾਥੁ ਸਰਬ ਪ੍ਰਤਿਪਾਲਕੁ ਭਗਤਿ ਵਛਲੁ ਹਰਿ ਨਾਉ॥		Anaathhaa Ko Naathh Sarab Prathipaalak Bhagath Vashhal Har Naao ||	He is the Master of the masterless, the Cherisher of all. He is the Lover of the devotees of His Name.	ਹੇ ਪ੍ਰਭੂ! ਤੂੰ ਨਿਖਸਮਿਆਂ ਦਾ ਖਸਮ ਹੈਂ, ਤੂੰ ਸਭ ਜੀਵਾਂ ਦੀ ਪਾਲਣਾ ਕਰਨ ਵਾਲਾ ਹੈਂ। ਹੇ ਹਰੀ! ਤੇਰਾ ਨਾਮ ਹੀ ਹੈ 'ਭਗਤਿ ਵਛਲੁ' (ਭਗਤੀ ਨੂੰ ਪਿਆਰ ਕਰਨ ਵਾਲਾ)।

51888	1202	ਜਾ ਕਉ ਕੋਇ ਨ ਰਾਖੈ ਪ੍ਰਾਣੀ ਤਿਸੁ ਤੂ ਦੇਹਿ ਅਸਰਾਉ॥੧॥		Jaa Ko Koe N Raakhai Praanee This Thoo Dhaehi Asaraao ||1||	That mortal, whom no one can protect - You bless him with Your Support, O Lord. ||1||	ਹੇ ਪ੍ਰਭੂ! ਜਿਸ ਮਨੁੱਖ ਦੀ ਹੋਰ ਕੋਈ ਪ੍ਰਾਣੀ ਰੱਖਿਆ ਨਹੀਂ ਕਰ ਸਕਦਾ, ਤੂੰ (ਆਪ) ਉਸ ਨੂੰ (ਆਪਣਾ) ਆਸਰਾ ਦੇਂਦਾ ਹੈਂ ॥੧॥
51889	1202	ਨਿਧਰਿਆ ਧਰ ਨਿਗਤਿਆ ਗਤਿ ਨਿਥਾਵਿਆ ਤੂ ਥਾਉ॥	ਨਿ-ਧਰਿਆਂ, ਨਿ-ਗਤਿਆਂ, ਨਿ-ਥਾਵਿਆਂ	Nidhhariaa Dhhar Nigathiaa Gath Nithhaaviaa Thoo Thhaao ||	Support of the unsupported, Saving Grace of the unsaved, Home of the homeless.	ਹੇ ਪ੍ਰਭੂ! ਜਿਨ੍ਹਾਂ ਦਾ ਹੋਰ ਕੋਈ ਸਹਾਰਾ ਨਹੀਂ ਹੁੰਦਾ, ਤੂੰ ਉਹਨਾਂ ਦਾ ਸਹਾਰਾ ਬਣਦਾ ਹੈਂ, ਮੰਦੀ ਭੈੜੀ ਹਾਲਤ ਵਾਲਿਆਂ ਦੀ ਤੂੰ ਚੰਗੀ ਹਾਲਤ ਬਣਾਂਦਾ ਹੈਂ, ਜਿਨ੍ਹਾਂ ਨੂੰ ਕਿਤੇ ਢੋਈ ਨਹੀਂ ਮਿਲਦੀ, ਤੂੰ ਉਹਨਾਂ ਦਾ ਆਸਰਾ ਹੈਂ।
51890	1202	ਦਹ ਦਿਸ ਜਾਂਉ ਤਹਾਂ ਤੂ ਸੰਗੇ ਤੇਰੀ ਕੀਰਤਿ ਕਰਮ ਕਮਾਉ॥੨॥		Dheh Dhis Jaano Thehaan Thoo Sangae Thaeree Keerath Karam Kamaao ||2||	Wherever I go in the ten directions, You are there with me. The only thing I do is sing the Kirtan of Your Praises. ||2||	ਹੇ ਪ੍ਰਭੂ! ਦਸੀਂ ਹੀ ਪਾਸੀਂ ਜਿਧਰ ਮੈਂ ਜਾਂਦਾ ਹਾਂ, ਉਥੇ ਹੀ ਤੂੰ (ਮੇਰੇ) ਨਾਲ ਹੀ ਦਿੱਸਦਾ ਹੈਂ, (ਤੇਰੀ ਮਿਹਰ ਨਾਲ) ਮੈਂ ਤੇਰੀ ਸਿਫ਼ਤ-ਸਾਲਾਹ ਦੀ ਕਾਰ ਕਮਾਂਦਾ ਹਾਂ ॥੨॥
51891	1202	ਏਕਸੁ ਤੇ ਲਾਖ ਲਾਖ ਤੇ ਏਕਾ ਤੇਰੀ ਗਤਿ ਮਿਤਿ ਕਹਿ ਨ ਸਕਾਉ॥		Eaekas Thae Laakh Laakh Thae Eaekaa Thaeree Gath Mith Kehi N Sakaao ||	From Your Oneness, You become tens of thousands, and from tens of thousands, You become One. I cannot describe Your state and extent.	ਹੇ ਪ੍ਰਭੂ! ਤੈਂ ਇੱਕ ਤੋਂ ਲੱਖਾਂ ਬ੍ਰਹਮੰਡ ਬਣਦੇ ਹਨ, ਤੇ, ਲੱਖਾਂ ਬ੍ਰਹਮੰਡਾਂ ਤੋਂ (ਫਿਰ) ਤੂੰ ਇਕ ਆਪ ਹੀ ਆਪ ਬਣ ਜਾਂਦਾ ਹੈਂ। ਮੈਂ ਦੱਸ ਨਹੀਂ ਸਕਦਾ ਕਿ ਤੂੰ ਕਿਹੋ ਜਿਹਾ ਹੈਂ ਅਤੇ ਕੇਡਾ ਵੱਡਾ ਹੈਂ।

51892	1202	ਤੂ ਬੇਅੰਤੁ ਤੇਰੀ ਮਿਤਿ ਨਹੀ ਪਾਈਐ ਸਭੁ ਤੇਰੋ ਖੇਲੁ ਦਿਖਾਉ॥੩॥		Thoo Baeanth Thaeree Mith Nehee Paaeeai Sabh Thaero Khael Dhikhaao ||3||	You are Infinite - Your value cannot be appraised. Everything I see is Your play. ||3||	ਹੇ ਪ੍ਰਭੂ! ਤੂੰ ਬੇਅੰਤ ਹੈਂ, ਤੇਰੀ ਹਸਤੀ ਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ। ਇਹ ਸਾਰਾ ਜਗਤ ਮੈਂ ਤਾਂ ਤੇਰਾ ਹੀ ਰਚਿਆ ਤਮਾਸ਼ਾ ਵੇਖਦਾ ਹਾਂ ॥੩॥
51893	1202	ਸਾਧਨ ਕਾ ਸੰਗੁ ਸਾਧ ਸਿਉ ਗੋਸਟਿ ਹਰਿ ਸਾਧਨ ਸਿਉ ਲਿਵ ਲਾਉ॥		Saadhhan Kaa Sang Saadhh Sio Gosatt Har Saadhhan Sio Liv Laao ||	I speak with the Company of the Holy; I am in love with the Holy people of the Lord.	(ਹੇ ਪ੍ਰਭੂ! ਤੇਰੇ ਚਰਨਾਂ ਵਿਚ ਜੁੜਨ ਵਾਸਤੇ) ਮੈਂ ਸੰਤ ਜਨਾਂ ਦਾ ਸੰਗ ਕਰਦਾ ਹਾਂ, ਮੈਂ ਸੰਤ ਜਨਾਂ ਨਾਲ (ਤੇਰੇ ਗੁਣਾਂ ਦਾ) ਵਿਚਾਰ-ਵਟਾਂਦਰਾ ਕਰਦਾ ਰਹਿੰਦਾ ਹਾਂ, ਤੇਰੇ ਸੰਤ ਜਨਾਂ ਦੀ ਸੰਗਤ ਵਿਚ ਰਹਿ ਕੇ ਤੇਰੇ ਚਰਨਾਂ ਵਿਚ ਸੁਰਤ ਜੋੜਦਾ ਹਾਂ।
51894	1202	ਜਨ ਨਾਨਕ ਪਾਇਆ ਹੈ ਗੁਰਮਤਿ ਹਰਿ ਦੇਹੁ ਦਰਸੁ ਮਨਿ ਚਾਉ॥੪॥੧॥		Jan Naanak Paaeiaa Hai Guramath Har Dhaehu Dharas Man Chaao ||4||1||	Servant Nanak has found the Lord through the Guru's Teachings; please bless me with Your Blessed Vision; O Lord, my mind yearns for it. ||4||1||	ਦਾਸ ਨਾਨਕ ਆਖਦਾ ਹੈ, ਗੁਰੂ ਦੀ ਮੱਤ ਉਤੇ ਤੁਰਿਆਂ ਹੀ ਤੇਰਾ ਮਿਲਾਪ ਹੁੰਦਾ ਹੈ। ਹੇ ਹਰੀ! (ਮੇਰੇ) ਮਨ ਵਿਚ (ਬੜੀ) ਤਾਂਘ ਹੈ, (ਮੈਨੂੰ) ਆਪਣਾ ਦਰਸਨ ਦੇਹ ॥੪॥੧॥
51895	1202	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
51896	1202	ਹਰਿ ਜੀਉ ਅੰਤਰਜਾਮੀ ਜਾਨ॥		Har Jeeo Antharajaamee Jaan ||	The Dear Lord is the Inner-knower, the Searcher of hearts.	ਪ੍ਰਭੂ ਜੀ ਹਰੇਕ ਦੇ ਦਿਲ ਦੀ ਜਾਣਨ ਵਾਲੇ ਹਨ ਅਤੇ ਸੁਜਾਨ ਹਨ।

51897	1202	ਕਰਤ ਬੁਰਾਈ ਮਾਨੁਖ ਤੇ ਛਪਾਈ ਸਾਖੀ ਭੂਤ ਪਵਾਨ॥੧॥ਰਹਾਉ॥	(ਪਵਾਨ) ਪਵਿੱਤ। (ਭੂਤ) ਸਰੂਪ ਰਾਮਜੀ, (ਸਾਖੀ) ਅਗਵਾਹ ਹਨ	Karath Buraaee Maanukh Thae Shhapaaee Saakhee Bhooth Pavaan ||1|| Rehaao ||	The mortal does evil deeds, and hides from others, but like the air, the Lord is present everywhere. ||1||Pause||	(ਜਿਹੜਾ ਮਨੁੱਖ) ਹੋਰਨਾਂ ਮਨੁੱਖਾਂ ਪਾਸੋਂ ਲੁਕਾ ਕੇ ਕੋਈ ਭੈੜਾ ਕੰਮ ਕਰਦਾ ਹੈ (ਉਹ ਇਹ ਨਹੀਂ ਜਾਣਦਾ ਕਿ) ਪਰਮਾਤਮਾ ਤਾਂ ਪਿਛਲੇ ਬੀਤੇ ਸਮੇ ਦੇ ਕਰਮਾਂ ਤੋਂ ਲੈ ਕੇ ਅਗਾਂਹ ਭਵਿੱਖ ਦੇ ਕੀਤੇ ਜਾਣ ਵਾਲੇ ਸਾਰੇ ਕੰਮਾਂ ਦਾ ਵੇਖਣ ਵਾਲਾ ਹੈ ॥੧॥ ਰਹਾਉ ॥
51898	1202	ਬੈਸਨੋ ਨਾਮੁ ਕਰਤ ਖਟ ਕਰਮਾ ਅੰਤਰਿ ਲੋਭ ਜੂਠਾਨ॥		Baisana Naam Karath Khatt Karamaa Anthar Lobh Joothaan ||	You call yourself a devotee of Vishnu and you practice the six rituals, but your inner being is polluted with greed.	(ਜਿਹੜੇ ਮਨੁੱਖ) ਆਪਣੇ ਆਪ ਨੂੰ ਵੈਸ਼ਨੋ ਅਖਵਾਂਦੇ ਹਨ, (ਸ਼ਾਸਤ੍ਰਾਂ ਦੇ ਦੱਸੇ ਹੋਏ) ਛੇ ਕਰਮ ਭੀ ਕਰਦੇ ਹਨ, (ਪਰ ਜੇ ਉਹਨਾਂ ਦੇ) ਅੰਦਰ (ਮਨ ਨੂੰ) ਮੈਲਾ ਕਰਨ ਵਾਲਾ ਲੋਭ ਵੱਸ ਰਿਹਾ ਹੈ,
51899	1202	ਸੰਤ ਸਭਾ ਕੀ ਨਿੰਦਾ ਕਰਤੇ ਡੂਬੇ ਸਭ ਅਗਿਆਨ॥੧॥		Santh Sabhaa Kee Nindhaa Karathae Ddoobae Sabh Agiaan ||1||	Those who slander the Society of the Saints, shall all be drowned in their ignorance. ||1||	(ਜੇ ਉਹ) ਸਾਧ ਸੰਗਤ ਦੀ ਨਿੰਦਾ ਕਰਦੇ ਹਨ (ਤਾਂ ਉਹ ਸਾਰੇ ਮਨੁੱਖ) ਆਤਮਕ ਜੀਵਨ ਵਲੋਂ ਬੇ-ਸਮਝੀ ਦੇ ਕਾਰਨ (ਸੰਸਾਰ-ਸਮੁੰਦਰ ਵਿਚ) ਡੁੱਬ ਜਾਂਦੇ ਹਨ ॥੧॥

51900	1203	ਕਰਹਿ ਸੋਮਪਾਕੁ ਹਿਰਹਿ ਪਰ ਦਰਬਾ ਅੰਤਰਿ ਝੂਠ ਗੁਮਾਨ॥	(ਸੋਮਪਾਕੁ) ਖ਼ੁਦ ਰਸੋਈ ਪਕਾ ਕੇ ਖਾਣੀ	Karehi Som Paak Hirehi Par Dharabaa Anthar Jhooth Gumaan ||	The mortal eats the food which he has carefully prepared, and then steals the wealth of others. His inner being is filled with falsehood and pride.	(ਇਹੋ ਜਿਹੇ ਵੈਸ਼ਨੋ ਅਖਵਾਣ ਵਾਲੇ ਮਨੁੱਖ) ਆਪਣੀ ਹੱਥੀਂ ਆਪਣਾ ਭੋਜਨ ਤਿਆਰ ਕਰਦੇ ਹਨ ਪਰ ਪਰਾਇਆ ਧਨ ਚੁਰਾਂਦੇ ਹਨ, ਉਹਨਾਂ ਦੇ ਅੰਦਰ ਝੂਠ ਵੱਸਦਾ ਹੈ ਅਹੰਕਾਰ ਵੱਸਦਾ ਹੈ।
51901	1203	ਸਾਸਤ੍ਰ ਬੇਦ ਕੀ ਬਿਧਿ ਨਹੀ ਜਾਣਹਿ ਬਿਆਪੇ ਮਨ ਕੈ ਮਾਨ॥੨॥		Saasathr Baedh Kee Bidhh Nehee Jaanehi Biaapae Man Kai Maan ||2||	He knows nothing of the Vedas or the Shaastras; his mind is gripped by pride. ||2||	ਉਹ ਮਨੁੱਖ (ਆਪਣੇ ਧਰਮ-ਪੁਸਤਕਾਂ) ਵੇਦ ਸ਼ਾਸਤ੍ਰਾਂ ਦੀ ਆਤਮਕ ਮਰਯਾਦਾ ਨਹੀਂ ਸਮਝਦੇ, ਉਹ ਤਾਂ ਆਪਣੇ ਮਨ ਦੇ ਅਹੰਕਾਰ ਵਿਚ ਹੀ ਫਸੇ ਰਹਿੰਦੇ ਹਨ ॥੨॥
51902	1203	ਸੰਧਿਆ ਕਾਲ ਕਰਹਿ ਸਭਿ ਵਰਤਾ ਜਿਉ ਸਫਰੀ ਦੰਫਾਨ॥	(ਸਫਰੀ) ਬਗਲਾ। (ਦੰਫਾਨ) ਪਖੰਡ	Sandhhiaa Kaal Karehi Sabh Varathaa Jio Safaree Dhanfaan ||	He says his evening prayers, and observes all the fasts, but this is all just a show.	(ਇਹੋ ਜਿਹੇ ਵੈਸ਼ਨੋ ਅਖਵਾਣ ਵਾਲੇ ਉਂਞ ਤਾਂ) ਤਿੰਨੇ ਵੇਲੇ ਸੰਧਿਆ ਕਰਦੇ ਹਨ, ਸਾਰੇ ਵਰਤ ਭੀ ਰੱਖਦੇ ਹਨ, (ਪਰ ਉਹਨਾਂ ਦਾ ਇਹ ਸਾਰਾ ਉੱਦਮ ਇਉਂ ਹੀ ਹੈ) ਜਿਵੇਂ ਕਿਸੇ ਮਦਾਰੀ ਦਾ ਤਮਾਸ਼ਾ (ਰੋਟੀ ਕਮਾਣ ਲਈ ਹੀ)।

51903	1203	ਪ੍ਰਭੂ ਭੁਲਾਏ ਊਝੜਿ ਪਾਏ ਨਿਹਫਲ ਸਭਿ ਕਰਮਾਨ॥੩॥	(ਕਰਮਾਨ) ਕਰਮ	Prabhoo Bhulaaeae Oojharr Paaeae Nihafal Sabh Karamaan ||3||	God made him stray from the path, and sent him into the wilderness. All his actions are useless. ||3||	(ਪਰ ਉਹਨਾਂ ਦੇ ਭੀ ਕੀਹ ਵੱਸ?) ਪ੍ਰਭੂ ਨੇ ਆਪ ਹੀ ਉਹਨਾਂ ਨੂੰ ਸਹੀ ਰਾਹ ਤੋਂ ਖੁੰਝਾਇਆ ਹੈ, ਗ਼ਲਤ ਰਸਤੇ ਪਾਇਆ ਹੋਇਆ ਹੈ, ਉਹਨਾਂ ਦੇ ਸਾਰੇ (ਕੀਤੇ ਹੋਏ ਧਾਰਮਿਕ) ਕਰਮ ਵਿਅਰਥ ਜਾਂਦੇ ਹਨ ॥੩॥
51904	1203	ਸੋ ਗਿਆਨੀ ਸੋ ਬੈਸਨੋ ਪੜ੍ਹਿਆ ਜਿਸੁ ਕਰੀ ਕ੍ਰਿਪਾ ਭਗਵਾਨ॥		So Giaanee So Baisana Parrihaaa Jis Karee Kirapaa Bhagavaan ||	He alone is a spiritual teacher, and he alone is a devotee of Vishnu and a scholar, whom the Lord God blesses with His Grace.	ਅਸਲ ਗਿਆਨਵਾਨ ਉਹ ਮਨੁੱਖ ਹੈ, ਅਸਲ ਵੈਸ਼ਨੋ ਉਹ ਹੈ, ਅਸਲ ਵਿਦਵਾਨ ਉਹ ਹੈ, ਜਿਸ ਉਤੇ ਪਰਮਾਤਮਾ ਨੇ ਮਿਹਰ ਕੀਤੀ ਹੈ,
51905	1203	ਉਨਿ ਸਤਿਗੁਰੁ ਸੇਵਿ ਪਰਮਪਦੁ ਪਾਇਆ ਉਧਰਿਆ ਸਗਲ ਬਿਸ੍ਵਾਨ॥੪॥	ਬਿਸ੍ਵਾਨ: ਅੱਧਾ ਵਾਵਾ ਪੋਲਾ ਬੋਲੋ, ਪੂਰਾ ਵਾਵਾ ਭਰਵਾਂ ਬੋਲੀਦਾ ਹੈ	Oun Sathigur Saev Param Padh Paaeiaa Oudhhariaa Sagal Bisvaan ||4||	Serving the True Guru, he obtains the supreme status and saves the whole world. ||4||	(ਜਿਸ ਦੀ ਬਰਕਤਿ ਨਾਲ) ਉਸ ਨੇ ਗੁਰੂ ਦੀ ਸਰਨ ਪੈ ਕੇ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕੀਤਾ ਹੈ, (ਅਜਿਹੇ ਮਨੁੱਖ ਦੀ ਸੰਗਤ ਵਿਚ) ਸਾਰਾ ਜਗਤ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ ॥੪॥

51906	1203	ਕਿਆ ਹਮ ਕਥਹ ਕਿਛੁ ਕਥਿ ਨਹੀ ਜਾਣਹ ਪ੍ਰਭ ਭਾਵੈ ਤਿਵੈ ਬੋਲਾਨ॥		Kiaa Ham Kathheh Kishh Kathh Nehee Jaaneh Prabh Bhaavai Thivai Buolaan ||	What can I say? I don't know what to say. As God wills, so do I speak.	ਪਰ, ਅਸੀਂ ਜੀਵ (ਪਰਮਾਤਮਾ ਦੀ ਰਜ਼ਾ ਬਾਰੇ) ਕੀਹ ਆਖ ਸਕਦੇ ਹਾਂ? ਅਸੀਂ ਕੁਝ ਆਖਣਾ ਜਾਣਦੇ ਨਹੀਂ ਹਾਂ। ਜਿਵੇਂ ਪ੍ਰਭੂ ਨੂੰ ਚੰਗਾ ਲੱਗਦਾ ਹੈ ਤਿਵੇਂ ਉਹ ਸਾਨੂੰ ਜੀਵਾਂ ਨੂੰ ਬੋਲਣ ਲਈ ਪ੍ਰੇਰਦਾ ਹੈ।
51907	1203	ਸਾਧਸੰਗਤਿ ਕੀ ਧੂਰਿ ਇਕ ਮਾਂਗਉ ਜਨ ਨਾਨਕ ਪਇਓ ਸਰਾਨ॥੫॥੨॥		Saadhhasangath Kee Dhhoor Eik Maango Jan Naanak Paeiou Saraan ||5||2||	I ask only for the dust of the feet of the Saadh Sangat, the Company of the Holy. Servant Nanak seeks their Sanctuary. ||5||2||	ਮੈਂ ਦਾਸ ਨਾਨਕ ਤਾਂ ਪ੍ਰਭੂ ਦੀ ਸਰਨ ਪਿਆ ਹਾਂ (ਅਤੇ ਉਸ ਦੇ ਦਰ ਤੋਂ) ਸਿਰਫ਼ ਸਾਧ ਸੰਗਤ (ਦੇ ਚਰਨਾਂ) ਦੀ ਧੂੜ ਹੀ ਮੰਗਦਾ ਹਾਂ ॥੫॥੨॥
51908	1203	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
51909	1203	ਅਬ ਮੋਰੋ ਨਾਚਨੋ ਰਹੋ॥		Ab Moro Naachano Reho ||	Now, my dancing is over.	ਹੁਣ ਮੇਰੀ ਭਟਕਣਾ ਮੁੱਕ ਗਈ ਹੈ,
51910	1203	ਲਾਲੁ ਰਗੀਲਾ ਸਹਜੇ ਪਾਇਓ ਸਤਿਗੁਰ ਬਚਨਿ ਲਹੋ॥੧॥ਰਹਾਉ॥		Laal Rageelaa Sehajae Paaeiou Sathigur Bachan Leho ||1|| Rehaao ||	I have intuitively obtained my Darling Beloved. Through the Word of the True Guru's Teachings, I found Him. ||1||Pause||	ਗੁਰੂ ਦੇ ਬਚਨ ਦੀ ਰਾਹੀਂ ਆਤਮਕ ਅਡੋਲਤਾ ਵਿਚ ਟਿਕ ਕੇ ਮੈਂ ਸੋਹਣਾ ਲਾਲ ਪ੍ਰਭੂ ਲੱਭ ਲਿਆ ਹੈ ਪ੍ਰਾਪਤ ਕਰ ਲਿਆ ਹੈ ॥੧॥ ਰਹਾਉ ॥

51911	1203	ਕੁਆਰ ਕੰਨਿਆ ਜੈਸੇ ਸੰਗਿ ਸਹੇਰੀ ਪ੍ਰਿਆ ਬਚਨ ਉਪਹਾਸ ਕਹੋ॥		Kuaar Kanniaa Jaisae Sang Sehaeree Pria Bachan Oupehaas Keho ||	The virgin speaks with her friends about her husband and they laugh together;	ਜਿਵੇਂ ਕੋਈ ਕੁਆਰੀ ਕੁੜੀ ਸਹੇਲੀਆਂ ਨਾਲ ਆਪਣੇ (ਮੰਗੇਤਰ) ਪਿਆਰੇ ਦੀਆਂ ਗੱਲਾਂ ਹੱਸ ਹੱਸ ਕੇ ਕਰਦੀ ਹੈ,
51912	1203	ਜਉ ਸੁਰਿਜਨੁ ਗ੍ਰਿਹ ਭੀਤਰਿ ਆਇਓ ਤਬ ਮੁਖੁ ਕਾਜਿ ਲਜੋ॥੧॥	ਲੱਜੋ	Jo Surijan Grih Bheethar Aaeiou Thab Mukh Kaaj Lajo ||1||	But when he comes home, she becomes shy, and modestly covers her face. ||1||	ਪਰ ਜਦੋਂ (ਉਸ ਦਾ) ਪਤੀ ਘਰ ਵਿਚ ਆਉਂਦਾ ਹੈ ਤਦੋਂ (ਉਹ ਕੁੜੀ) ਲੱਜਿਆ ਨਾਲ ਆਪਣਾ ਮੂੰਹ ਕੱਜ ਲੈਂਦੀ ਹੈ ॥੧॥
51913	1203	ਜਿਉ ਕਨਿਕੋ ਕੋਠਾਰੀ ਚੜਿਓ ਕਬਰੋ ਹੋਤ ਫਿਰੋ॥	(ਕਬਰੋ) ਕਮਲ਼ਾ। ਚੜ੍ਹਿਓ	Jio Kaniko Kothaaree Charriou Kabaro Hoth Firo ||	When gold is melted in the crucible, it flows freely everywhere.	ਜਿਵੇਂ ਕੁਠਾਲੀ ਵਿਚ ਪਿਆ ਹੋਇਆ ਸੋਨਾ (ਸੇਕ ਨਾਲ) ਕਮਲਾ ਹੋਇਆ ਫਿਰਦਾ ਹੈ,
51914	1203	ਜਬ ਤੇ ਸੁਧ ਭਏ ਹੈ ਬਾਰਹਿ ਤਬ ਤੇ ਥਾਨ ਥਿਰੋ॥੨॥		Jab Thae Sudhh Bheae Hai Baarehi Thab Thae Thhaan Thhiro ||2||	But when it is made into pure solid bars of gold, then it remains stationary. ||2||	ਪਰ ਜਦੋਂ ਉਹ ਬਾਰਾਂ ਵੰਨੀਂ ਦਾ ਸੁੱਧ ਬਣ ਜਾਂਦਾ ਹੈ, ਤਦੋਂ ਉਹ (ਸੇਕ ਵਿਚ ਤੜਫਣੋਂ) ਅਡੋਲ ਹੋ ਜਾਂਦਾ ਹੈ ॥੨॥
51915	1203	ਜਉ ਦਿਨੁ ਰੈਨਿ ਤਊ ਲਉ ਬਜਿਓ ਮੂਰਤ ਘਰੀ ਪਲੋ॥		Jo Dhin Rain Thoo Lo Bajiou Moorath Gharee Palo ||	As long as the days and the nights of one's life last, the clock strikes the hours, minutes and seconds.	ਜਦੋਂ ਤਕ (ਮਨੁੱਖ ਦੀ ਜ਼ਿੰਦਗੀ ਦੀ) ਰਾਤ ਕਾਇਮ ਰਹਿੰਦੀ ਹੈ ਤਦ ਤਕ (ਉਮਰ ਦੇ ਬੀਤਦੇ ਜਾਣ ਦੀ ਖ਼ਬਰ ਦੇਣ ਲਈ ਘੜਿਆਲ ਦੀ ਰਾਹੀਂ) ਮੁਹੂਰਤ ਘੜੀਆਂ ਪਲ ਵੱਜਦੇ ਰਹਿੰਦੇ ਹਨ।

51916	1203	ਬਜਾਵਨਹਾਰੋ ਊਠਿ ਸਿਧਾਰਿਓ ਤਬ ਫਿਰਿ ਬਾਜੁ ਨ ਭਇਓ॥੩॥		Bajaavanehaaro Ooth Sidhhaariou Thab Fir Baaj N Bhaeiou ||3||	But when the gong player gets up and leaves, the gong is not sounded again. ||3||	ਪਰ ਜਦੋਂ ਇਹਨਾਂ ਨੂੰ ਵਜਾਣ ਵਾਲਾ (ਦੁਨੀਆ ਤੋਂ) ਉੱਠ ਤੁਰਦਾ ਹੈ, ਤਦੋਂ (ਉਹਨਾਂ ਘੜੀਆਂ ਪਲਾਂ ਦਾ) ਵੱਜਣਾ ਮੁੱਕ ਜਾਂਦਾ ਹੈ ॥੩॥
51917	1203	ਜੈਸੇ ਕੁੰਭ ਉਦਕ ਪੂਰਿ ਆਨਿਓ ਤਬ ਓਹੁ ਭਿੰਨ ਦ੍ਰਿਸਟੋ॥		Jaisae Kunbh Oudhak Poor Aaniou Thab Ouhu Bhinn Dhrisatto ||	When the pitcher is filled with water, the water contained within it seems distinct.	ਜਿਵੇਂ ਜਦੋਂ ਕੋਈ ਘੜਾ ਪਾਣੀ ਨਾਲ ਭਰ ਕੇ ਲਿਆਂਦਾ ਜਾਏ, ਤਦੋਂ (ਘੜੇ ਵਾਲਾ) ਉਹ (ਪਾਣੀ ਖੂਹ ਆਦਿਕ ਦੇ ਹੋਰ ਪਾਣੀ ਨਾਲੋਂ) ਵੱਖਰਾ ਦਿੱਸਦਾ ਹੈ।
51918	1203	ਕਹੁ ਨਾਨਕ ਕੁੰਭੁ ਜਲੈ ਮਹਿ ਡਾਰਿਓ ਅੰਭੈ ਅੰਭ ਮਿਲੋ॥੪॥੩॥		Kahu Naanak Kunbh Jalai Mehi Ddaariou Anbhai Anbh Milo ||4||3||	Says Nanak, when the pitcher is emptied out, the water mingles again with water. ||4||3||	ਨਾਨਕ ਆਖਦਾ ਹੈ- ਜਦੋਂ ਉਹ (ਭਰਿਆ) ਘੜਾ ਪਾਣੀ ਵਿਚ ਪਾ ਦੇਈਦਾ ਹੈ ਤਦੋਂ (ਘੜੇ ਦਾ) ਪਾਣੀ ਹੋਰ ਪਾਣੀ ਵਿਚ ਮਿਲ ਜਾਂਦਾ ਹੈ ॥੪॥੩॥
51919	1203	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
51920	1203	ਅਬ ਪੂਛੇ ਕਿਆ ਕਹਾ॥		Ab Pooshhae Kiaa Kehaa ||	Now if he is asked, what can he say?	ਹੇ ਬਾਵਰੇ! ਹੁਣ ਜੇ ਤੈਨੂੰ ਪੁੱਛਿਆ ਜਾਏ ਤਾਂ ਕੀਹ ਦੱਸੇਂਗਾ?

51921	1203	ਲੈਨੋ ਨਾਮੁ ਅੰਮ੍ਰਿਤ ਰਸੁ ਨੀਕੋ ਬਾਵਰ ਬਿਖੁ ਸਿਉ ਗਹਿ ਰਹਾ॥੧॥ਰਹਾਉ॥		Laino Naam Anmrith Ras Neeko Baavar Bikh Sio Gehi Rehaa ||1|| Rehaao ||	He was supposed to have gathered the sublime essence of the Ambrosial Naam, the Name of the Lord, but instead, the mad-man was busy with poison. ||1||Pause||	(ਤੂੰ ਇਥੇ ਜਗਤ ਵਿਚ ਆ ਕੇ) ਆਤਮਕ ਜੀਵਨ ਦੇਣ ਵਾਲਾ ਪਰਮਾਤਮਾ ਦਾ ਸੋਹਣਾ ਨਾਮ-ਰਸ ਲੈਣਾ ਸੀ, ਪਰ ਹੇ ਕਮਲੇ! ਤੂੰ ਤਾਂ ਆਤਮਕ ਮੌਤ ਲਿਆਉਣ ਵਾਲੀ ਮਾਇਆ-ਜ਼ਹਰ ਦੇ ਨਾਲ ਹੀ ਚੰਬੜ ਰਿਹਾ ਹੈਂ ॥੧॥ ਰਹਾਉ ॥
51922	1203	ਦੁਲਭ ਜਨਮੁ ਚਿਰੰਕਾਲ ਪਾਇਓ ਜਾਤਉ ਕਉਡੀ ਬਦਲਹਾ॥	ਦੁ-ਲਭ। ਬਦਲ-ਹਾ	Dhulabh Janam Chirankaal Paaeiou Jaatho Kouddee Badhalehaa ||	This human life, so difficult to obtain, was finally obtained after such a long time. He is losing it in exchange for a shell.	ਹੇ ਝੱਲੇ! ਬੜੇ ਚਿਰਾਂ ਪਿੱਛੋਂ (ਤੈਨੂੰ) ਦੁਰਲੱਭ (ਮਨੁੱਖਾ) ਜਨਮ ਮਿਲਿਆ ਸੀ, ਪਰ ਇਹ ਤਾਂ ਕੌਡੀ ਦੇ ਵੱਟੇ ਜਾ ਰਿਹਾ ਹੈ।
51923	1203	ਕਾਥੂਰੀ ਕੋ ਗਾਹਕੁ ਆਇਓ ਲਾਦਿਓ ਕਾਲਰ ਬਿਰਖ ਜਿਵਹਾ॥੧॥	(ਕਾਥੂਰੀ) ਕਸਤੂਰੀ	Kaathhooree Ko Gaahak Aaeiou Laadhiou Kaalar Birakh Jivehaa ||1||	He came to buy musk, but instead, he has loaded dust and thistle grass. ||1||	ਤੂੰ (ਇਥੇ) ਕਸਤੂਰੀ ਦਾ ਗਾਹਕ ਬਣਨ ਲਈ ਆਇਆ ਸੀ, ਪਰ ਤੂੰ ਇਥੋਂ ਕੱਲਰ ਲੱਦ ਲਿਆ ਹੈ, ਜਿਵਾਂਹਾਂ ਦੇ ਬੂਟੇ ਲੱਦ ਲਏ ਹਨ ॥੧॥

51924	1203	ਆਇਓ ਲਾਭੁ ਲਾਭਨ ਕੈ ਤਾਈ ਮੋਹਨਿ ਠਾਗਉਰੀ ਸਿਉ ਉਲਝਿ ਪਹਾ॥	ਤਾਂਈਂ	Aaeiou Laabh Laabhan Kai Thaaee Mohan Thaagouree Sio Oulajh Pehaa ||	He comes in search of profits, but he is entangled in the enticing illusion of Maya.	ਹੇ ਕਮਲੇ! (ਤੂੰ ਜਗਤ ਵਿਚ ਆਤਮਕ ਜੀਵਨ ਦਾ) ਲਾਭ ਖੱਟਣ ਲਈ ਆਇਆ ਸੀ, ਪਰ ਤੂੰ ਤਾਂ ਮਨ ਨੂੰ ਮੋਹਣ ਵਾਲੀ ਮਾਇਆ ਠਗ-ਬੂਟੀ ਨਾਲ ਹੀ ਆਪਣਾ ਮਨ ਜੋੜ ਬੈਠਾ ਹੈਂ।
51925	1203	ਕਾਚ ਬਾਦਰੈ ਲਾਲੁ ਖੋਈ ਹੈ ਫਿਰਿ ਇਹੁ ਅਉਸਰੁ ਕਦਿ ਲਹਾ॥੨॥		Kaach Baadharai Laal Khoee Hai Fir Eihu Aousar Kadh Lehaa ||2||	He loses the jewel, in exchange for mere glass. When will he have this blessed opportunity again? ||2||	ਤੂੰ ਕੱਚ ਦੇ ਵੱਟੇ ਲਾਲ ਗਵਾ ਰਿਹਾ ਹੈਂ। (ਹੇ ਕਮਲੇ!) ਇਹ ਮਨੁੱਖਾ ਜਨਮ ਵਾਲਾ ਸਮਾ ਫਿਰ ਕਦੋਂ ਲੱਭੇਂਗਾ? ॥੨॥
51926	1203	ਸਗਲ ਪਰਾਧ ਏਕੁ ਗੁਣੁ ਨਾਹੀ ਠਾਕੁਰੁ ਛੋਡਹ ਦਾਸਿ ਭਜਹਾ॥	ਭਜ–ਹਾ: ਪੋਲਾ ਬੋਲੋ	Sagal Paraadhh Eaek Gun Naahee Thaakur Shhoddeh Dhaas Bhajehaa ||	He is full of sins, and he has not even one redeeming virtue. Forsaking his Lord and Master, he is involved with Maya, God's slave.	ਅਸਾਂ ਜੀਵਾਂ ਵਿਚ ਸਾਰੀਆਂ ਖ਼ੁਨਾਮੀਆਂ ਹੀ ਹਨ, ਗੁਣ ਇੱਕ ਭੀ ਨਹੀਂ। ਅਸੀਂ ਮਾਲਕ-ਪ੍ਰਭੂ ਨੂੰ ਛੱਡ ਦੇਂਦੇ ਹਾਂ ਅਤੇ ਉਸ ਦੀ ਦਾਸੀ ਦੀ ਹੀ ਸੇਵਾ ਕਰਦੇ ਰਹਿੰਦੇ ਹਾਂ।
51927	1203	ਆਈ ਮਸਟਿ ਜੜਵਤ ਕੀ ਨਿਆਈ ਜਿਉ ਤਸਕਰੁ ਦਰਿ ਸਾਂਨ੍ਹਿਹਾ॥੩॥	(ਮਸਟਿ) ਚੁੱਪ। (ਦਰਿ) ਵਿੱਚ। (ਸਾਂਨ੍ਹਿਹਾ) ਸੰਨ੍ਹ।ਸਾਂਨ੍ਹਿ–ਹਾ	Aaee Masatt Jarravath Kee Niaaee Jio Thasakar Dhar Saannihehaa ||3||	And when the final silence comes, like inanimate matter, he is caught like a thief at the door. ||3||	ਜਿਵੇਂ ਕੋਈ ਚੋਰ ਸੰਨ੍ਹ ਦੇ ਬੂਹੇ ਤੇ (ਫੜਿਆ ਜਾ ਕੇ ਮਾਰ ਖਾ ਖਾ ਕੇ ਬੇਹੋਸ਼ ਹੋ ਜਾਂਦਾ ਹੈ, ਤਿਵੇਂ ਨਾਮ ਜਪਣ ਵਲੋਂ ਸਾਨ੍ਹੂੰ) ਜੜ੍ਹ ਪਦਾਰਥਾਂ ਵਾਂਗ ਮੂਰਛਾ ਹੀ ਆਈ ਰਹਿੰਦੀ ਹੈ ॥੩॥

51928	1203	ਆਨ ਉਪਾਉ ਨ ਕੋਊ ਸੂਝੈ ਹਰਿ ਦਾਸਾ ਸਰਣੀ ਪਰਿ ਰਹਾ॥		Aan Oupaao N Kooo Soojhai Har Dhaasaa Saranee Par Rehaa ||	I cannot see any other way out. I seek the Sanctuary of the Lord's slaves.	(ਇਸ ਮੋਹਨੀ ਮਾਇਆ ਦੇ ਪੰਜੇ ਵਿਚੋਂ ਨਿਕਲਣ ਵਾਸਤੇ ਮੈਨੂੰ ਤਾਂ) ਕੋਈ ਹੋਰ ਢੰਗ ਨਹੀਂ ਸੁੱਝਦਾ, ਮੈਂ ਤਾਂ ਪਰਮਾਤਮਾ ਦੇ ਦਾਸਾਂ ਦੀ ਸਰਨ ਪਿਆ ਰਹਿੰਦਾ ਹਾਂ।
51929	1203	ਕਹੁ ਨਾਨਕ ਤਬ ਹੀ ਮਨ ਛੁਟੀਐ ਜਉ ਸਗਲੇ ਅਉਗਨ ਮੇਟਿ ਧਰਹਾ॥੪॥੪॥		Kahu Naanak Thab Hee Man Shhutteeai Jo Sagalae Aougan Maett Dhharehaa ||4||4||	Says Nanak, the mortal is emancipated, only when all his demerits and faults are erased and eradicated. ||4||4||	ਨਾਨਕ ਆਖਦਾ ਹੈ- ਹੇ ਮਨ! ਮਾਇਆ ਦੇ ਮੋਹ ਵਿਚੋਂ ਤਦੋਂ ਹੀ ਬਚੀਦਾ ਹੈ ਜਦੋਂ (ਪ੍ਰਭੂ ਦੇ ਸੇਵਕਾਂ ਦੀ ਸਰਨੀ ਪੈ ਕੇ ਆਪਣੇ ਅੰਦਰੋਂ) ਅਸੀਂ ਸਾਰੇ ਔਗੁਣ ਮਿਟਾ ਦੇਈਏ ॥੪॥੪॥
51930	1203	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
51931	1203	ਮਾਈ ਧੀਰਿ ਰਹੀ ਪ੍ਰਿਅ ਬਹੁਤੁ ਬਿਰਾਗਿਓ॥		Maaee Dhheer Rehee Pria Bahuth Biraagiou ||	O mother, my patience is gone. I am in love with my Husband Lord.	ਹੇ (ਮੇਰੀ) ਮਾਂ! (ਮੇਰੇ ਅੰਦਰ) ਪਿਆਰੇ ਤੋਂ ਵਿਛੋੜੇ ਦਾ ਦਰਦ ਬਹੁਤ ਤੇਜ਼ ਹੋ ਗਿਆ ਹੈ ਇਸ ਨੂੰ ਸਹਾਰਨ ਦੀ ਤਾਕਤ ਨਹੀਂ ਰਹਿ ਗਈ।
51932	1203	ਅਨਿਕ ਭਾਂਤਿ ਆਨੂਪ ਰੰਗ ਰੇ ਤਿਨ੍ਹ ਸਿਉ ਰੁਚੈ ਨ ਲਾਗਿਓ॥੧॥ਰਹਾਉ ॥		Anik Bhaanth Aanoop Rang Rae Thinh Sio Ruchai N Laagiou ||1|| Rehaao ||	There are so many kinds of incomparable pleasures, but I am not interested in any of them. ||1||Pause||	ਹੇ ਭਾਈ! (ਦੁਨੀਆ ਦੇ) ਅਨੇਕਾਂ ਕਿਸਮਾਂ ਦੇ ਸੋਹਣੇ ਸੋਹਣੇ ਰੰਗ-ਤਮਾਸ਼ੇ ਹਨ, ਪਰ ਮੇਰੇ ਅੰਦਰ ਇਹਨਾਂ ਵਾਸਤੇ ਕੋਈ ਖਿੱਚ ਹੀ ਨਹੀਂ ਪੈਂਦੀ ॥੧॥ ਰਹਾਉ ॥

51933	1203	ਨਿਸਿ ਬਾਸੁਰ ਪ੍ਰਿਅ ਪ੍ਰਿਅ ਮੁਖਿ ਟੇਰਉ ਨੀਦ ਪਲਕ ਨਹੀ ਜਾਗਿਓ॥		Nis Baasur Pria Pria Mukh Ttaero Nanaeedh Palak Nehee Jaagiou ||	Night and day, I utter, ""Pri-a, Pri-a - Beloved, Beloved"" with my mouth. I cannot sleep, even for an instant; I remain awake and aware.	ਹੇ (ਵੀਰ)! ਰਾਤ ਦਿਨ ਮੈਂ (ਆਪਣੇ) ਮੂੰਹੋਂ 'ਹੇ ਪਿਆਰੇ! ਹੇ ਪਿਆਰੇ'! ਬੋਲਦੀ ਰਹਿੰਦੀ ਹਾਂ, ਮੈਨੂੰ ਇਕ ਪਲ ਭਰ ਭੀ ਨੀਂਦ ਨਹੀਂ ਆਉਂਦੀ, ਸਦਾ ਜਾਗ ਕੇ (ਸਮਾ ਗੁਜ਼ਾਰ ਰਹੀ ਹਾਂ)।
51934	1203	ਹਾਰ ਕਜਰ ਬਸਤ੍ਰ ਅਨਿਕ ਸੀਗਾਰ ਰੇ ਬਿਨੁ ਪਿਰ ਸਭੈ ਬਿਖੁ ਲਾਗਿਓ॥੧॥		Haar Kajar Basathr Anik Seegaar Rae Bin Pir Sabhai Bikh Laagiou ||1||	Necklaces, eye make-up, fancy clothes and decorations - without my Husband Lord, these are all poison to me. ||1||	ਹੇ (ਵੀਰ)! ਹਾਰ, ਕੱਜਲ, ਕੱਪੜੇ, ਅਨੇਕਾਂ ਗਹਿਣੇ-ਇਹ ਸਾਰੇ ਪ੍ਰਭੂ-ਪਤੀ ਦੇ ਮਿਲਾਪ ਤੋਂ ਬਿਨਾ ਮੈਨੂੰ ਆਤਮਕ ਮੌਤ ਲਿਆਉਣ ਵਾਲੀ ਜ਼ਹਰ ਦਿੱਸ ਰਹੇ ਹਨ ॥੧॥
51935	1204	ਪੂਛਉ ਪੂਛਉ ਦੀਨ ਭਾਂਤਿ ਕਰਿ ਕੋਊ ਕਹੈ ਪ੍ਰਿਅ ਦੇਸਾਂਗਿਓ॥	(ਦੇਸਾਂਗਿਓ) ਦੇਸ਼	Pooshho Pooshho Dheen Bhaanth Kar Kooo Kehai Pria Dhaesaangiou ||	I ask and ask, with humility, ""Who can tell me which country my Husband Lord lives in?""	(ਹੇ ਮਾਂ!) ਨਿਮਾਣਿਆਂ ਵਾਂਗ ਮੈਂ ਮੁੜ ਮੁੜ ਪੁੱਛਦੀ ਫਿਰਦੀ ਹਾਂ, ਭਲਾ ਜੇ ਕੋਈ ਮੈਨੂੰ ਪਿਆਰੇ ਦਾ ਦੇਸ ਦੱਸ ਦੇਵੇ।
51936	1204	ਹੀਂਉ ਦੇਂਉ ਸਭੁ ਮਨੁ ਤਨੁ ਅਰਪਉ ਸੀਸੁ ਚਰਣ ਪਰਿ ਰਾਖਿਓ॥੨॥		Heeno Dhaeno Sabh Man Than Arapo Sees Charan Par Raakhiou ||2||	I would dedicate my heart to him, I offer my mind and body and everything; I place my head at his feet. ||2||	(ਪਿਆਰੇ ਦਾ ਦੇਸ ਦੱਸਣ ਵਾਲੇ ਦੇ) ਚਰਨਾਂ ਉਤੇ (ਆਪਣਾ) ਸਿਰ ਰੱਖ ਕੇ ਮੈਂ ਆਪਣਾ ਹਿਰਦਾ, ਆਪਣਾ ਮਨ ਆਪਣਾ ਤਨ ਸਭ ਕੁਝ ਭੇਟਾ ਕਰਨ ਨੂੰ ਤਿਆਰ ਹਾਂ ॥੨॥

51937	1204	ਚਰਣ ਬੰਦਨਾ ਅਮੋਲ ਦਾਸਰੋ ਦੇਂਉ ਸਾਧਸੰਗਤਿ ਅਰਦਾਗਿਓ॥	(ਅਰਦਾਗਿਓ) ਅਰਦਾਸ	Charan Bandhanaa Amol Dhaasaro Dhaeno Saadhhasangath Aradhaagiou ||	I bow at the feet of the voluntary slave of the Lord; I beg him to bless me with the Saadh Sangat, the Company of the Holy.	ਹੇ ਭਾਈ! ਮੈਂ ਸਾਧ ਸੰਗਤ ਦੇ ਚਰਨਾਂ ਤੇ ਨਮਸਕਾਰ ਕਰਦਾ ਹਾਂ, ਮੈਂ ਸਾਧ ਸੰਗਤ ਦਾ ਦੰਮਾਂ ਤੋਂ ਬਿਨਾ ਹੀ ਇਕ ਨਿਮਾਣਾ ਜਿਹਾ ਦਾਸ ਹਾਂ, ਮੈਂ ਸਾਧ ਸੰਗਤ ਅੱਗੇ ਅਰਦਾਸ ਕਰਦਾ ਹਾਂ-
51938	1204	ਕਰਹੁ ਕ੍ਰਿਪਾ ਮੋਹਿ ਪ੍ਰਭੂ ਮਿਲਾਵਹੁ ਨਿਮਖ ਦਰਸੁ ਪੇਖਾਗਿਓ॥੩॥		Karahu Kirapaa Mohi Prabhoo Milaavahu Nimakh Dharas Paekhaagiou ||3||	Show Mercy to me, that I may meet God, and gaze upon the Blessed Vision of His Darshan every moment. ||3||	(ਮੇਰੇ ਉਤੇ) ਮਿਹਰ ਕਰੋ, ਮੈਨੂੰ ਪਰਮਾਤਮਾ ਮਿਲਾ ਦੇਉ, ਮੈਂ (ਉਸ ਦਾ) ਅੱਖ ਝਮਕਣ ਜਿਤਨੇ ਸਮੇ ਲਈ ਹੀ ਦਰਸਨ ਕਰ ਲਵਾਂ ॥੩॥
51939	1204	ਦ੍ਰਿਸਟਿ ਭਈ ਤਬ ਭੀਤਰਿ ਆਇਓ ਮੇਰਾ ਮਨੁ ਅਨ ਦਿਨੁ ਸੀਤਲਾਗਿਓ॥		Dhrisatt Bhee Thab Bheethar Aaeiou Maeraa Man Anadhin Seethalaagiou ||	When He is Kind to me, He comes to dwell within my being. Night and day, my mind is calm and peaceful.	(ਜਦੋਂ ਪਰਮਾਤਮਾ ਦੀ ਮਿਹਰ ਦੀ) ਨਿਗਾਹ (ਮੇਰੇ ਉਤੇ) ਹੋਈ, ਤਦੋਂ ਉਹ ਮੇਰੇ ਹਿਰਦੇ ਵਿਚ ਆ ਵੱਸਿਆ। ਹੁਣ ਮੇਰਾ ਮਨ ਹਰ ਵੇਲੇ ਠੰਢਾ-ਠਾਰ ਰਹਿੰਦਾ ਹੈ।
51940	1204	ਕਹੁ ਨਾਨਕ ਰਸਿ ਮੰਗਲ ਗਾਏ ਸਬਦੁ ਅਨਾਹਦੁ ਬਾਜਿਓ॥੪॥੫॥		Kahu Naanak Ras Mangal Gaaeae Sabadh Anaahadh Baajiou ||4||5||	Says Nanak, I sing the Songs of Joy; the Unstruck Word of the Shabad resounds within me. ||4||5||	ਨਾਨਕ ਆਖਦਾ ਹੈ- ਹੁਣ ਮੈਂ ਉਸ ਦੀ ਸਿਫ਼ਤ-ਸਾਲਾਹ ਦੇ ਗੀਤ ਸੁਆਦ ਨਾਲ ਗਾਂਦਾ ਹਾਂ, (ਮੇਰੇ ਅੰਦਰ) ਗੁਰੂ ਦਾ ਸ਼ਬਦ ਇਕ-ਰਸ ਆਪਣਾ ਪੂਰਾ ਪ੍ਰਭਾਵ ਪਾਈ ਰੱਖਦਾ ਹੈ ॥੪॥੫॥

51941	1204	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
51942	1204	ਮਾਈ ਸਤਿ ਸਤਿ ਸਤਿ ਹਰਿ ਸਤਿ ਸਤਿ ਸਤਿ ਸਾਧਾ॥	ਸਾਧਾ: ਪੋਲਾ ਬੋਲੋ	Maaee Sath Sath Sath Har Sath Sath Sath Saadhhaa ||	O mother, True, True True is the Lord, and True, True, True is His Holy Saint.	ਹੇ ਮਾਂ! ਪਰਮਾਤਮਾ ਸਦਾ ਹੀ ਕਾਇਮ ਰਹਿਣ ਵਾਲਾ ਹੈ, ਪਰਮਾਤਮਾ ਦੇ ਸੰਤ ਜਨ ਭੀ ਅਟੱਲ ਆਤਮਕ ਜੀਵਨ ਵਾਲੇ ਹਨ-
51943	1204	ਬਚਨੁ ਗੁਰੂ ਜੋ ਪੂਰੈ ਕਹਿਓ ਮੈ ਛੀਕਿ ਗਾਂਠਰੀ ਬਾਧਾ॥੧॥ਰਹਾਉ॥		Bachan Guroo Jo Poorai Kehiou Mai Shheek Gaantharee Baadhhaa ||1|| Rehaao ||	The Word which the Perfect Guru has spoken, I have tied to my robe. ||1||Pause||	ਇਹ ਜਿਹੜਾ ਬਚਨ (ਮੈਨੂੰ) ਪੂਰੇ ਗੁਰੂ ਨੇ ਦੱਸਿਆ ਹੈ, ਮੈਂ ਇਸ ਨੂੰ ਘੁੱਟ ਕੇ ਆਪਣੇ ਪੱਲੇ ਬੰਨ੍ਹ ਲਿਆ ਹੈ ॥੧॥ ਰਹਾਉ ॥
51944	1204	ਨਿਸਿ ਬਾਸੁਰ ਨਖਿਅਤ੍ਰ ਬਿਨਾਸੀ ਰਵਿ ਸਸੀਅਰ ਬੇਨਾਧਾ॥		Nis Baasur Nakhiathr Binaasee Rav Saseear Baenaadhhaa ||	Night and day, and the stars in the sky shall vanish. The sun and the moon shall vanish.	ਹੇ ਮਾਂ! ਰਾਤ, ਦਿਨ, ਤਾਰੇ, ਸੂਰਜ, ਚੰਦ੍ਰਮਾ-ਇਹ ਸਾਰੇ ਨਾਸਵੰਤ ਹਨ।
51945	1204	ਗਿਰਿ ਬਸੁਧਾ ਜਲ ਪਵਨ ਜਾਇਗੋ ਇਕਿ ਸਾਧ ਬਚਨ ਅਟਲਾਧਾ॥੧॥		Gir Basudhhaa Jal Pavan Jaaeigo Eik Saadhh Bachan Attalaadhhaa ||1||	The mountains, the earth, the water and the air shall pass away. Only the Word of the Holy Saint shall endure. ||1||	ਪਹਾੜ, ਧਰਤੀ, ਪਾਣੀ, ਹਵਾ- ਹਰੇਕ ਚੀਜ਼ ਨਾਸ ਹੋ ਜਾਇਗੀ। ਸਿਰਫ਼ ਗੁਰੂ ਦੇ ਬਚਨ ਹੀ ਕਦੇ ਟਲ ਨਹੀਂ ਸਕਦੇ ॥੧॥

51946	1204	ਅੰਡ ਬਿਨਾਸੀ ਜੇਰ ਬਿਨਾਸੀ ਉਤਭੁਜ ਸੇਤ ਬਿਨਾਧਾ॥		Andd Binaasee Jaer Binaasee Outhabhuj Saeth Binaadhhaa ||	Those born of eggs shall pass away, and those born of the womb shall pass away. Those born of the earth and sweat shall pass away as well.	ਹੇ ਮਾਂ! ਅੰਡਿਆਂ ਤੋਂ, ਜਿਓਰ ਤੋਂ, ਧਰਤੀ ਤੋਂ, ਮੁੜ੍ਹਕੇ ਤੋਂ ਪੈਦਾ ਹੋਣ ਵਾਲੇ ਸਭ ਜੀਵ ਨਾਸਵੰਤ ਹਨ।
51947	1204	ਚਾਰਿ ਬਿਨਾਸੀ ਖਟਹਿ ਬਿਨਾਸੀ ਇਕਿ ਸਾਧ ਬਚਨ ਨਿਹਚਲਾਧਾ॥੨॥	ਚਾਰਿ ਵੇਦ, (ਖਟਹਿ) ਸ਼ਾਸਤ੍ਰ। ਨਿਹਚਲੱਾਧਾ	Chaar Binaasee Khattehi Binaasee Eik Saadhh Bachan Nihachalaadhhaa ||2||	The four Vedas shall pass away, and the six Shaastras shall pass away. Only the Word of the Holy Saint is eternal. ||2||	ਚਾਰ ਵੇਦ, ਛੇ ਸ਼ਾਸਤ੍ਰ-ਇਹ ਭੀ ਨਾਸਵੰਤ ਹਨ। ਸਿਰਫ਼ ਗੁਰੂ ਦੇ ਬਚਨ ਹੀ ਸਦਾ ਕਾਇਮ ਰਹਿਣ ਵਾਲੇ ਹਨ। ਧਰਮ ਪੁਸਤਕ ਤਾਂ ਕਈ ਬਣੇ ਤੇ ਕਈ ਮਿਟੇ, ਪਰ ਸਾਧ ਦਾ ਬਚਨ, ਭਾਵ, ਸਿਮਰਨ ਦੀ ਪੱਧਤੀ ਸਦਾ ਅਟੱਲ ਰਹਿੰਦੀ ਹੈ ॥੨॥
51948	1204	ਰਾਜ ਬਿਨਾਸੀ ਤਾਮ ਬਿਨਾਸੀ ਸਾਤਕੁ ਭੀ ਬੇਨਾਧਾ॥		Raaj Binaasee Thaam Binaasee Saathak Bhee Baenaadhhaa ||	Raajas, the quality of energetic activity shall pass away. Taamas, the quality of lethargic darkness shall pass away. Saatvas, the quality of peaceful light shall pass away as well.	ਹੇ ਮਾਂ! (ਮਾਇਆ ਦੇ ਤਿੰਨ ਗੁਣ) ਰਾਜਸ ਤਾਮਸ ਸਾਤਕ ਨਾਸਵੰਤ ਹਨ।

51949	1204	ਦ੍ਰਿਸਟਿਮਾਨ ਹੈ ਸਗਲ ਬਿਨਾਸੀ ਇਕਿ ਸਾਧ ਬਚਨ ਆਗਾਧਾ॥੩॥		Dhrisattimaan Hai Sagal Binaasee Eik Saadhh Bachan Aagaadhhaa ||3||	All that is seen shall pass away. Only the Word of the Holy Saint is beyond destruction. ||3||	ਜੋ ਕੁਝ (ਇਹ ਜਗਤ) ਦਿੱਸ ਰਿਹਾ ਹੈ ਸਾਰਾ ਨਾਸਵੰਤ ਹੈ। ਸਿਰਫ਼ ਗੁਰੂ ਦੇ ਬਚਨ ਹੀ ਐਸੇ ਹਨ ਜੋ ਅਟੱਲ ਹਨ (ਭਾਵ, ਆਤਮਕ ਜੀਵਨ ਵਾਸਤੇ ਜੋ ਮਰਯਾਦਾ ਗੁਰੂ ਨੇ ਦੱਸੀ ਹੈ ਉਹ ਕਦੇ ਭੀ ਕਿਤੇ ਭੀ ਬਦਲ ਨਹੀਂ ਸਕਦੀ) ॥੩॥
51950	1204	ਆਪੇ ਆਪਿ ਆਪ ਹੀ ਆਪੇ ਸਭੁ ਆਪਨ ਖੇਲੁ ਦਿਖਾਧਾ॥		Aapae Aap Aap Hee Aapae Sabh Aapan Khael Dhikhaadhhaa ||	He Himself is Himself by Himself. All that is seen is His play.	ਹੇ ਭਾਈ! ਜਿਹੜਾ ਪਰਮਾਤਮਾ (ਆਪਣੇ ਵਰਗਾ) ਆਪ ਹੀ ਆਪ ਹੈ, ਜਿਸ ਨੇ ਇਹ ਸਾਰਾ ਆਪਣਾ ਜਗਤ-ਤਮਾਸ਼ਾ ਵਿਖਾਇਆ ਹੋਇਆ ਹੈ,
51951	1204	ਪਾਇਓ ਨ ਜਾਈ ਕਹੀ ਭਾਂਤਿ ਰੇ ਪ੍ਰਭੁ ਨਾਨਕ ਗੁਰ ਮਿਲਿ ਲਾਧਾ॥੪॥੬॥		Paaeiou N Jaaee Kehee Bhaanth Rae Prabh Naanak Gur Mil Laadhhaa ||4||6||	He cannot be found by any means. O Nanak, meeting with the Guru, God is found. ||4||6||	ਹੇ ਭਾਈ! ਉਹ ਹੋਰ ਕਿਸੇ ਭੀ ਤਰੀਕੇ ਨਾਲ ਨਹੀਂ ਮਿਲ ਸਕਦਾ। ਹੇ ਨਾਨਕ! ਉਹ ਪ੍ਰਭੂ ਗੁਰੂ ਨੂੰ ਮਿਲ ਕੇ (ਹੀ) ਲੱਭ ਸਕੀਦਾ ਹੈ ॥੪॥੬॥
51952	1204	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
51953	1204	ਮੇਰੈ ਮਨਿ ਬਾਸਿਬੋ ਗੁਰ ਗੋਬਿੰਦ॥		Maerai Man Baasibo Gur Gobindh ||	The Guru, the Lord of the Universe, dwells within my mind.	ਮੇਰੇ ਮਨ ਵਿਚ ਗੁਰੂ ਗੋਬਿੰਦ ਵੱਸ ਰਿਹਾ ਹੈ।

51954	1204	ਜਹਾਂ ਸਿਮਰਨੁ ਭਇਓ ਹੈ ਠਾਕੁਰ ਤਹਾਂ ਨਗਰ ਸੁਖ ਆਨੰਦ॥੧॥ਰਹਾਉ॥		Jehaan Simaran Bhaeiou Hai Thaakur Thehaan Nagar Sukh Aanandh ||1|| Rehaao ||	Wherever my Lord and Master is remembered in meditation - that village is filled with peace and bliss. ||1||Pause||	(ਮੈਨੂੰ ਇਉਂ ਸਮਝ ਆ ਰਹੀ ਹੈ ਕਿ) ਜਿੱਥੇ ਠਾਕੁਰ-ਪ੍ਰਭੂ ਦਾ ਸਿਮਰਨ ਹੁੰਦਾ ਰਹਿੰਦਾ ਹੈ, ਉਹਨਾਂ (ਹਿਰਦੇ-) ਨਗਰਾਂ ਵਿਚ ਸੁਖ ਆਨੰਦ ਬਣੇ ਰਹਿੰਦੇ ਹਨ ॥੧॥ ਰਹਾਉ ॥
51955	1204	ਜਹਾਂ ਬੀਸਰੈ ਠਾਕੁਰੁ ਪਿਆਰੋ ਤਹਾਂ ਦੂਖ ਸਭ ਆਪਦ॥		Jehaan Beesarai Thaakur Piaaro Thehaan Dhookh Sabh Aapadh ||	Wherever my Beloved Lord and Master is forgotten - all misery and misfortune is there.	ਜਿਸ ਹਿਰਦੇ ਵਿਚ ਮਾਲਕ-ਪ੍ਰਭੂ (ਦੀ ਯਾਦ) ਭੁੱਲ ਜਾਂਦੀ ਹੈ, ਉਥੇ ਸਾਰੇ ਦੁੱਖ ਸਾਰੀਆਂ ਮੁਸੀਬਤਾਂ ਆਈਆਂ ਰਹਿੰਦੀਆਂ ਹਨ।
51956	1204	ਜਹ ਗੁਨ ਗਾਇ ਆਨੰਦ ਮੰਗਲ ਰੂਪ ਤਹਾਂ ਸਦਾ ਸੁਖ ਸੰਪਦ॥੧॥		Jeh Gun Gaae Aanandh Mangal Roop Thehaan Sadhaa Sukh Sanpadh ||1||	Where the Praises of my Lord, the Embodiment of Bliss and Joy are sung - eternal peace and wealth are there. ||1||	ਜਿੱਥੇ (ਕੋਈ ਮਨੁੱਖ) ਆਨੰਦ ਅਤੇ ਖ਼ੁਸ਼ੀਆਂ ਦੇਣ ਵਾਲੇ ਹਰਿ-ਗੁਣ ਗਾਂਦਾ ਰਹਿੰਦਾ ਹੈ, ਉਸ ਹਿਰਦੇ ਵਿਚ ਖ਼ੁਸ਼ੀਆਂ ਉਸ ਹਿਰਦੇ ਵਿਚ ਚੜ੍ਹਦੀ ਕਲਾ ਬਣੀ ਰਹਿੰਦੀ ਹੈ ॥੧॥
51957	1204	ਜਹਾ ਸ੍ਰਵਨ ਹਰਿ ਕਥਾ ਨ ਸੁਨੀਐ ਤਹ ਮਹਾ ਭਇਆਨ ਉਦਿਆਨਦ॥	(ਉਦਿਆਨਦ) ਉਜਾੜ	Jehaa Sravan Har Kathhaa N Suneeai Theh Mehaa Bhaeiaan Oudhiaanadh ||	Wherever they do not listen to the Stories of the Lord with their ears - the utterly desolate wilderness is there.	ਜਿੱਥੇ ਕੰਨਾਂ ਨਾਲ ਪਰਮਾਤਮਾ ਦੀ ਸਿਫ਼ਤ-ਸਾਲਾਹ ਨਹੀਂ ਸੁਣੀ ਜਾਂਦੀ, ਉਸ ਹਿਰਦੇ ਵਿਚ (ਮਾਨੋ) ਭਾਰਾ ਭਿਆਨਕ ਜੰਗਲ ਬਣਿਆ ਪਿਆ ਹੈ;

51958	1204	ਜਹਾਂ ਕੀਰਤਨੁ ਸਾਧਸੰਗਤਿ ਰਸੁ ਤਹ ਸਘਨ ਬਾਸ ਫਲਾਂਨਦ॥੨॥	(ਬਾਸ) ਸੁਗੰਧੀ, (ਫਲਾਂਨਦ) ਫ਼ੈਲਦੀ ਹੈ। ਸਘਨ: ਪੋਲਾ ਬੋਲੋ	Jehaan Keerathan Saadhhasangath Ras Theh Saghan Baas Falaannadh ||2||	Where the Kirtan of the Lord's Praises are sung with love in the Saadh Sangat - there is fragrance and fruit and joy in abundance. ||2||	ਤੇ, ਜਿਥੇ ਸਿਫ਼ਤ-ਸਾਲਾਹ ਹੋ ਰਹੀ ਹੈ, ਸਾਧ ਸੰਗਤ ਵਾਲਾ ਰੰਗ ਬਣਿਆ ਹੋਇਆ ਹੈ, ਉੱਥੇ (ਮਾਨੋ, ਐਸਾ ਬਾਗ਼ ਹੈ ਜਿੱਥੇ) ਸੰਘਣੀ ਸੁਗੰਧੀ ਹੈ ਤੇ ਫਲਾਂ ਦਾ ਆਨੰਦ ਹੈ ॥੨॥
51959	1204	ਬਿਨੁ ਸਿਮਰਨ ਕੋਟਿ ਬਰਖ ਜੀਵੈ ਸਗਲੀ ਅਉਧ ਬ੍ਰਿਥਾਨਦ॥		Bin Simaran Kott Barakh Jeevai Sagalee Aoudhh Brithhaanadh ||	Without meditative remembrance on the Lord, one may live for millions of years, but his life would be totally useless.	ਪਰਮਾਤਮਾ ਦੇ ਸਿਮਰਨ ਤੋਂ ਬਿਨਾ ਜੇ ਕੋਈ ਮਨੁੱਖ ਕ੍ਰੋੜਾਂ ਵਰ੍ਹੇ ਭੀ ਜੀਊਂਦਾ ਰਹੇ, (ਤਾਂ ਭੀ ਉਸ ਦੀ) ਸਾਰੀ ਉਮਰ ਵਿਅਰਥ ਜਾਂਦੀ ਹੈ।
51960	1204	ਏਕ ਨਿਮਖ ਗੋਬਿੰਦ ਭਜਨੁ ਕਰਿ ਤਉ ਸਦਾ ਸਦਾ ਜੀਵਾਨਦ॥੩॥		Eaek Nimakh Gobindh Bhajan Kar Tho Sadhaa Sadhaa Jeevaanadh ||3||	But if he vibrates and meditates on the Lord of the Universe, for even a moment, then he shall live forever and ever. ||3||	ਪਰ ਜੇ ਮਨੁੱਖ ਗੋਬਿੰਦ ਦਾ ਭਜਨ ਅੱਖ ਝਮਕਣ ਜਿਤਨੇ ਸਮੇ ਲਈ ਭੀ ਕਰੇ, ਤਾਂ ਉਹ ਸਦਾ ਹੀ ਆਤਮਕ ਜੀਵਨ ਜੀਊਂਦਾ ਹੈ ॥੩॥
51961	1204	ਸਰਨਿ ਸਰਨਿ ਸਰਨਿ ਪ੍ਰਭ ਪਾਵਉ ਦੀਜੈ ਸਾਧਸੰਗਤਿ ਕਿਰਪਾਨਦ॥		Saran Saran Saran Prabh Paavo Dheejai Saadhhasangath Kirapaanadh ||	O God, I seek Your Sanctuary, Your Sanctuary, Your Sanctuary; please mercifully bless me with the Saadh Sangat, the Company of the Holy.	ਹੇ ਪ੍ਰਭੂ! ਮਿਹਰ ਕਰ ਕੇ ਮੈਨੂੰ ਆਪਣੀ ਸਾਧ ਸੰਗਤ (ਦਾ ਮਿਲਾਪ) ਬਖ਼ਸ਼ (ਤਾ ਕਿ) ਮੈਂ ਸਦਾ ਲਈ ਤੇਰੀ ਸਰਨ ਪ੍ਰਾਪਤ ਕਰੀ ਰੱਖਾਂ।

51962	1204	ਨਾਨਕ ਪੂਰਿ ਰਹਿਓ ਹੈ ਸਰਬ ਮੈ ਸਗਲ ਗੁਣਾ ਬਿਧਿ ਜਾਂਨਦ॥੪॥੭॥	ਮੈ: ਬਿੰਦੀ ਨ ਲਾ। (ਮੈ) ਸਰਬ ਸਰੂਪ ਹੋ ਕੇ	Naanak Poor Rehiou Hai Sarab Mai Sagal Gunaa Bidhh Jaannadh ||4||7||	O Nanak, the Lord is All-pervading everywhere, amongst all. He knows the qualities and the condition of all. ||4||7||	ਹੇ ਨਾਨਕ! ਉਹ ਪਰਮਾਤਮਾ ਸਭਨਾਂ ਵਿਚ ਵਿਆਪਕ ਹੈ (ਆਪਣੇ ਜੀਵਾਂ ਦੇ ਅੰਦਰ ਆਪਣੇ) ਸਾਰੇ ਗੁਣ ਪੈਦਾ ਕਰਨ ਦਾ ਢੰਗ ਉਹ ਆਪ ਹੀ ਜਾਣਦਾ ਹੈ ॥੪॥੭॥
51963	1204	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
51964	1204	ਅਬ ਮੋਹਿ ਰਾਮ ਭਰੋਸਉ ਪਾਏ॥		Ab Mohi Raam Bharoso Paaeae ||	Now, I have obtained the Support of the Lord.	(ਪਰਮਾਤਮਾ ਦੀ ਸਰਨ ਪੈ ਕੇ) ਹੁਣ ਮੈਂ ਪਰਮਾਤਮਾ ਦੀ ਬਾਬਤ ਇਹ ਨਿਸ਼ਚਾ ਬਣਾ ਲਿਆ ਹੈ,
51965	1204	ਜੋ ਜੋ ਸਰਣਿ ਪਰਿਓ ਕਰੁਣਾਨਿਧਿ ਤੇ ਤੇ ਭਵਹਿ ਤਰਾਏ॥੧॥ਰਹਾਉ॥	ਚੌਰਾਸੀ ਚ (ਭਵਹਿ) ਭੌਣ। ਕਰੁਣਾ-ਨਿਧਿ	Jo Jo Saran Pariou Karunaanidhh Thae Thae Bhavehi Tharaaeae ||1|| Rehaao ||	Those who seek the Sanctuary of the Ocean of Mercy are carried across the world-ocean. ||1||Pause||	ਕਿ ਜਿਹੜਾ ਜਿਹੜਾ ਮਨੁੱਖ ਉਸ ਤਰਸ-ਦੇ-ਸਮੁੰਦਰ ਪ੍ਰਭੂ ਦੀ ਸਰਨ ਪੈਂਦਾ ਹੈ, ਉਹਨਾਂ ਸਭਨਾਂ ਨੂੰ ਪਰਮਾਤਮਾ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ॥੧॥ ਰਹਾਉ ॥

51966	1204	ਸੁਖਿ ਸੋਇਓ ਅਰੁ ਸਹਜਿ ਸਮਾਇਓ ਸਹਸਾ ਗੁਰਹਿ ਗਵਾਏ॥		Sukh Soeiou Ar Sehaj Samaaeiou Sehasaa Gurehi Gavaaeae ||	They sleep in peace, and intuitively merge into the Lord. The Guru takes away their cynicism and doubt.	(ਪਰਮਾਤਮਾ ਦੀ ਸਰਨ ਪੈ ਕੇ ਹੁਣ ਮੈਂ ਇਹ ਨਿਸ਼ਚਾ ਬਣਾ ਲਿਆ ਹੈ ਕਿ ਜਿਹੜਾ ਮਨੁੱਖ ਪਰਮਾਤਮਾ ਦੀ ਸਰਨ ਪੈਂਦਾ ਹੈ ਉਹ) ਆਤਮਕ ਆਨੰਦ ਵਿਚ ਲੀਨ ਰਹਿੰਦਾ ਹੈ ਅਤੇ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਗੁਰੂ ਉਸ ਦੇ ਸਾਰੇ ਚਿੰਤਾ-ਫ਼ਿਕਰ ਦੂਰ ਕਰ ਦੇਂਦਾ ਹੈ।
51967	1204	ਜੋ ਚਾਹਤ ਸੋਈ ਹਰਿ ਕੀਓ ਮਨ ਬਾਂਛਤ ਫਲ ਪਾਏ॥੧॥		Jo Chaahath Soee Har Keeou Man Baanshhath Fal Paaeae ||1||	Whatever they wish for, the Lord does; they obtain the fruits of their minds' desires. ||1||	ਉਹ ਜੋ ਕੁਝ ਚਾਹੁੰਦਾ ਹੈ ਪ੍ਰਭੂ (ਉਹੀ ਕੁਝ ਉਸ ਵਾਸਤੇ) ਕਰ ਦੇਂਦਾ ਹੈ, ਉਹ ਮਨੁੱਖ ਮਨ-ਮੰਗੀਆਂ ਮੁਰਾਦਾਂ ਹਾਸਲ ਕਰ ਲੈਂਦਾ ਹੈ ॥੧॥
51968	1204	ਹਿਰਦੈ ਜਪਉ ਨੇਤ੍ਰ ਧਿਆਨੁ ਲਾਵਉ ਸ੍ਰਵਨੀ ਕਥਾ ਸੁਨਾਏ॥		Hiradhai Japo Naethr Dhhiaan Laavo Sravanee Kathhaa Sunaaeae ||	In my heart, I meditate on Him; with my eyes, I focus my meditation on Him. With my ears, I listen to His Sermon.	(ਜਦੋਂ ਦਾ ਮੈਂ ਪਰਮਾਤਮਾ ਦੀ ਸਰਨ ਪਿਆ ਹਾਂ, ਤਦੋਂ ਤੋਂ ਹੁਣ) ਮੈਂ ਆਪਣੇ ਹਿਰਦੇ ਵਿਚ (ਪਰਮਾਤਮਾ ਦਾ ਨਾਮ) ਜਪਦਾ ਹਾਂ, ਅੱਖਾਂ ਵਿਚ ਉਸ ਦਾ ਧਿਆਨ ਧਰਦਾ ਹਾਂ, ਕੰਨਾਂ ਨਾਲ ਉਸ ਦੀ ਸਿਫ਼ਤ-ਸਾਲਾਹ ਸੁਣਦਾ ਹਾਂ,

51969	1205	ਚਰਣੀ ਚਲਉ ਮਾਰਗਿ ਠਾਕੁਰ ਕੈ ਰਸਨਾ ਹਰਿ ਗੁਣ ਗਾਏ॥੨॥		Charanee Chalo Maarag Thaakur Kai Rasanaa Har Gun Gaaeae ||2||	With my feet, I walk on my Lord and Mater's Path. With my tongue, I sing the Glorious Praises of the Lord. ||2||	ਪੈਰਾਂ ਨਾਲ ਉਸ ਮਾਲਕ-ਪ੍ਰਭੂ ਦੇ ਰਸਤੇ ਤੇ ਤੁਰਦਾ ਹਾਂ, ਮੇਰੀ ਜੀਭ ਉਸ ਦੇ ਗੁਣ ਗਾਂਦੀ ਰਹਿੰਦੀ ਹੈ ॥੨॥
51970	1205	ਦੇਖਿਓ ਦ੍ਰਿਸਟਿ ਸਰਬ ਮੰਗਲ ਰੂਪ ਉਲਟੀ ਸੰਤ ਕਰਾਏ॥	ਦ੍ਰਿਸਟਿ	Dhaekhiou Dhrisatt Sarab Mangal Roop Oulattee Santh Karaaeae ||	With my eyes, I see the Lord, the Embodiment of Absolute Bliss; the Saint has turned away from the world.	ਜਦੋਂ ਤੋਂ ਸੰਤ-ਜਨਾਂ ਨੇ ਮੇਰੀ ਬ੍ਰਿਤੀ ਮਾਇਆ ਵਲੋਂ ਪਰਤਾ ਦਿੱਤੀ ਹੈ, ਮੈਂ ਆਪਣੀਆਂ ਅੱਖਾਂ ਨਾਲ ਉਸ ਸਾਰੀਆਂ ਖ਼ੁਸ਼ੀਆਂ ਦੇ ਮਾਲਕ-ਹਰੀ ਨੂੰ ਵੇਖ ਲਿਆ ਹੈ।
51971	1205	ਪਾਇਓ ਲਾਲੁ ਅਮੋਲੁ ਨਾਮੁ ਹਰਿ ਛੋਡਿ ਨ ਕਤਹੂ ਜਾਏ॥੩॥		Paaeiou Laal Amol Naam Har Shhodd N Kathehoo Jaaeae ||3||	I have found the Priceless Name of the Beloved Lord; it never leaves me or goes anywhere else. ||3||	ਮੈਂ ਪਰਮਾਤਮਾ ਦਾ ਕੀਮਤੀ ਅਮੋਲਕ ਨਾਮ ਲੱਭ ਲਿਆ ਹੈ, ਉਸ ਨੂੰ ਛੱਡ ਕੇ (ਮੇਰਾ ਮਨ ਹੁਣ) ਹੋਰ ਕਿਸੇ ਭੀ ਪਾਸੇ ਨਹੀਂ ਜਾਂਦਾ ॥੩॥
51972	1205	ਕਵਨ ਉਪਮਾ ਕਉਨ ਬਡਾਈ ਕਿਆ ਗੁਨ ਕਹਉ ਰੀਝਾਏ॥		Kavan Oupamaa Koun Baddaaee Kiaa Gun Keho Reejhaaeae ||	What praise, what glory and what virtues should I utter, in order to please the Lord?	ਮੈਂ ਉਸ ਪਰਮਾਤਮਾ ਦੀ ਕਿਹੜੀ ਸਿਫ਼ਤ ਕਰਾਂ? ਕਿਹੜੀ ਵਡਿਆਈ ਦੱਸਾਂ? ਕਿਹੜੇ ਗੁਣ ਬਿਆਨ ਕਰਾਂ? ਜਿਸ ਕਰਕੇ ਉਹ ਮੇਰੇ ਉੱਤੇ ਪਸੰਨ ਹੋ ਜਾਏ।

51973	1205	ਹੋਤ ਕ੍ਰਿਪਾਲ ਦੀਨ ਦਇਆ ਪ੍ਰਭ ਜਨ ਨਾਨਕ ਦਾਸ ਦਸਾਏ॥੪॥੮॥		Hoth Kirapaal Dheen Dhaeiaa Prabh Jan Naanak Dhaas Dhasaaeae ||4||8||	That humble being, unto whom the Merciful Lord is kind - O servant Nanak, he is the slave of God's slaves. ||4||8||	ਹੇ ਦਾਸ ਨਾਨਕ! ਦੀਨਾਂ ਉੱਤੇ ਦਇਆ ਕਰਨ ਵਾਲਾ ਪ੍ਰਭੂ ਆਪ ਹੀ ਜਿਸ ਉੱਤੇ ਦਇਆਵਾਨ ਹੁੰਦਾ ਹੈ, ਉਸ ਨੂੰ ਆਪਣੇ ਦਾਸਾਂ ਦਾ ਦਾਸ ਬਣਾ ਲੈਂਦਾ ਹੈ ॥੪॥੮॥
51974	1205	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
51975	1205	ਉਇ ਸੁਖ ਕਾ ਸਿਉ ਬਰਨਿ ਸੁਨਾਵਤ॥		Oue Sukh Kaa Sio Baran Sunaavath ||	Who can I tell, and with whom can I speak, about this state of peace and bliss?	ਉਹਨਾਂ ਸੁਖਾਂ ਦਾ ਬਿਆਨ ਕਿਸੇ ਪਾਸੋਂ ਭੀ ਨਹੀਂ ਕੀਤਾ ਜਾ ਸਕਦਾ,
51976	1205	ਅਨਦ ਬਿਨੋਦ ਪੇਖਿ ਪ੍ਰਭ ਦਰਸਨ ਮਨਿ ਮੰਗਲ ਗੁਨ ਗਾਵਤ॥੧॥ਰਹਾਉ॥		Anadh Binodh Paekh Prabh Dharasan Man Mangal Gun Gaavath ||1|| Rehaao ||	I am in ecstasy and delight, gazing upon the Blessed Vision of God's Darshan. My mind sings His Songs of Joy and His Glories. ||1||Pause||	ਜਿਹੜੇ ਆਨੰਦ ਕੌਤਕ ਪ੍ਰਭੂ ਦਾ ਦਰਸਨ ਕਰਦਿਆਂ ਪੈਦਾ ਹੁੰਦੇ ਹਨ, ਪ੍ਰਭੂ ਦੇ ਗੁਣ ਗਾਂਦਿਆਂ ਮਨ ਦੀਆਂ ਜਿਹੜੀਆਂ ਖ਼ੁਸ਼ੀਆਂ ਪੈਦਾ ਹੁੰਦੀਆਂ ਹਨ (ਉਹ ਬਿਆਨ ਨਹੀਂ ਹੋ ਸਕਦੀਆਂ) ॥੧॥ ਰਹਾਉ ॥
51977	1205	ਬਿਸਮ ਭਈ ਪੇਖਿ ਬਿਸਮਾਦੀ ਪੂਰਿ ਰਹੇ ਕਿਰਪਾਵਤ॥		Bisam Bhee Paekh Bisamaadhee Poor Rehae Kirapaavath ||	I am wonderstruck, gazing upon the Wondrous Lord. The Merciful Lord is All-pervading everywhere.	ਉਸ ਅਚਰਜ-ਰੂਪ ਅਤੇ ਕਿਰਪਾ ਦੇ ਸੋਮੇ ਸਰਬ-ਵਿਆਪਕ ਪ੍ਰਭੂ ਦਾ ਦਰਸ਼ਨ ਕਰ ਕੇ ਮੈਂ ਹੈਰਾਨ ਹੋ ਗਈ ਹਾਂ।

51978	1205	ਪੀਓ ਅੰਮ੍ਰਿਤ ਨਾਮੁ ਅਮੋਲਕ ਜਿਉ ਚਾਖਿ ਗੂੰਗਾ ਮੁਸਕਾਵਤ॥੧॥		Peeou Anmrith Naam Amolak Jio Chaakh Goongaa Musakaavath ||1||	I drink in the Invaluable Nectar of the Naam, the Name of the Lord. Like the mute, I can only smile - I cannot speak of its flavor. ||1||	ਜਦੋਂ ਮੈਂ ਉਸ ਦਾ ਆਤਮਕ ਜੀਵਨ ਦੇਣ ਵਾਲਾ ਅਮੋਲਕ ਨਾਮ-ਜਲ ਪੀਤਾ (ਤਾਂ ਮੇਰੀ ਹਾਲਤ ਇਉਂ ਹੋ ਗਈ) ਜਿਵੇਂ ਕੋਈ ਗੁੰਗਾ ਮਨੁੱਖ (ਗੁੜ ਆਦਿਕ) ਚੱਖ ਕੇ (ਸਿਰਫ਼) ਮੁਸਕ੍ਰਾਉਂਦਾ ਹੀ ਹੈ। (ਸੁਆਦ ਦੱਸ ਨਹੀਂ ਸਕਦਾ) ॥੧॥
51979	1205	ਜੈਸੇ ਪਵਨੁ ਬੰਧ ਕਰਿ ਰਾਖਿਓ ਬੂਝ ਨ ਆਵਤ ਜਾਵਤ॥	ਬੰਧ ਰੋਕ	Jaisae Pavan Bandhh Kar Raakhiou Boojh N Aavath Jaavath ||	As the breath is held in bondage, no one can understand its coming in and going out.	ਜਿਵੇਂ (ਕੋਈ ਜੋਗੀ) ਆਪਣੇ ਪ੍ਰਾਣ ਰੋਕ ਲੈਂਦਾ ਹੈ, ਉਹਨਾਂ ਦੇ ਆਉਣ ਜਾਣ ਦੀ (ਕਿਸੇ ਹੋਰ ਨੂੰ) ਸਮਝ ਨਹੀਂ ਪੈ ਸਕਦੀ,
51980	1205	ਜਾ ਕਉ ਰਿਦੈ ਪ੍ਰਗਾਸੁ ਭਇਓ ਹਰਿ ਉਆ ਕੀ ਕਹੀ ਨ ਜਾਇ ਕਹਾਵਤ॥੨॥		Jaa Ko Ridhai Pragaas Bhaeiou Har Ouaa Kee Kehee N Jaae Kehaavath ||2||	So is that person, whose heart is enlightened by the Lord - his story cannot be told. ||2||	(ਇਸੇ ਤਰ੍ਹਾਂ) ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਪਰਕਾਸ਼ ਹੋ ਜਾਂਦਾ ਹੈ, ਉਸ ਮਨੁੱਖ ਦੀ ਆਤਮਕ ਦਸ਼ਾ ਬਿਆਨ ਨਹੀਂ ਕੀਤੀ ਜਾ ਸਕਦੀ ॥੨॥
51981	1205	ਆਨ ਉਪਾਵ ਜੇਤੇ ਕਿਛੁ ਕਹੀਅਹਿ ਤੇਤੇ ਸੀਖੇ ਪਾਵਤ॥	ਕਹੀ-ਅਹਿ	Aan Oupaav Jaethae Kishh Keheeahi Thaethae Seekhae Paavath ||	As many other efforts as you can think of - I have seen them and studied them all.	(ਦੁਨੀਆ ਵਾਲੇ ਗੁਣ ਸਿੱਖਣ ਵਾਸਤੇ) ਹੋਰ ਜਿਤਨੇ ਭੀ ਜਤਨ ਦੱਸੇ ਜਾਂਦੇ ਹਨ, ਉਹ (ਹੋਰਨਾਂ ਪਾਸੋਂ) ਸਿੱਖਿਆਂ ਹੀ ਸਿੱਖੇ ਜਾ ਸਕਦੇ ਹਨ।

51982	1205	ਅਚਿੰਤ ਲਾਲੁ ਗ੍ਰਿਹ ਭੀਤਰਿ ਪ੍ਰਗਟਿਓ ਅਗਮ ਜੈਸੇ ਪਰਖਾਵਤ॥੩॥		Achinth Laal Grih Bheethar Pragattiou Agam Jaisae Parakhaavath ||3||	My Beloved, Carefree Lord has revealed Himself within the home of my own heart; thus I have realized the Inaccessible Lord. ||3||	ਪਰ ਚਿੰਤਾ ਦੂਰ ਕਰਨ ਵਾਲਾ ਸੋਹਣਾ ਪ੍ਰਭੂ ਮਨੁੱਖ ਦੇ ਹਿਰਦੇ-ਘਰ ਦੇ ਅੰਦਰ ਹੀ ਪਰਗਟ ਹੋ ਜਾਂਦਾ ਹੈ (ਜਿਸ ਦੇ ਹਿਰਦੇ ਵਿਚ ਪਰਗਟਦਾ ਹੈ, ਉਸ ਦੀ) ਪਰਖ ਕਰਨੀ ਕਠਨ ਜਿਹਾ ਕੰਮ ਹੈ ॥੩॥
51983	1205	ਨਿਰਗੁਣ ਨਿਰੰਕਾਰ ਅਬਿਨਾਸੀ ਅਤੁਲੋ ਤੁਲਿਓ ਨ ਜਾਵਤ॥	ਅ-ਤੁੱਲੋ	Niragun Nirankaar Abinaasee Athulo Thuliou N Jaavath ||	The Absolute, Formless, Eternally Unchanging, Immeasurable Lord cannot be measured.	ਪਰਮਾਤਮਾ ਮਾਇਆ ਦੇ ਤਿੰਨ ਗੁਣਾਂ ਦੀ ਪਹੁੰਚ ਤੋਂ ਪਰੇ ਹੈ, ਪਰਮਾਤਮਾ ਦਾ ਕੋਈ ਖ਼ਾਸ ਸਰੂਪ ਦੱਸਿਆ ਨਹੀਂ ਜਾ ਸਕਦਾ, ਪਰਮਾਤਮਾ ਨਾਸ-ਰਹਿਤ ਹੈ, ਉਹ ਅਤੋਲ ਹੈ, ਉਸ ਨੂੰ ਤੋਲਿਆ ਨਹੀਂ ਜਾ ਸਕਦਾ।
51984	1205	ਕਹੁ ਨਾਨਕ ਅਜਰੁ ਜਿਨਿ ਜਰਿਆ ਤਿਸ ਹੀ ਕਉ ਬਨਿ ਆਵਤ ॥੪॥੯॥	ਅ-ਜਰੁ	Kahu Naanak Ajar Jin Jariaa This Hee Ko Ban Aavath ||4||9||	Says Nanak, whoever endures the unendurable - this state belongs to him alone. ||4||9||	ਨਾਨਕ ਆਖਦਾ ਹੈ- ਜਿਸ ਮਨੁੱਖ ਨੇ ਉਸ ਸਦਾ ਜਵਾਨ ਰਹਿਣ ਵਾਲੇ (ਜਰਾ-ਰਹਿਤ) ਪਰਮਾਤਮਾ ਨੂੰ ਆਪਣੇ ਮਨ ਵਿਚ ਵਸਾ ਲਿਆ, ਉਸ ਦੀ ਆਤਮਕ ਦਸ਼ਾ ਉਹ ਆਪ ਹੀ ਜਾਣਦਾ ਹੈ (ਬਿਆਨ ਨਹੀਂ ਕੀਤੀ ਜਾ ਸਕਦੀ) ॥੪॥੯॥
51985	1205	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

51986	1205	ਬਿਖਈ ਦਿਨੁ ਰੈਨਿ ਇਵ ਹੀ ਗੁਦਾਰੈ॥	ਬਿ-ਖਈ	Bikhee Dhin Rain Eiv Hee Gudhaarai ||	The corrupt person passes his days and nights uselessly.	ਵਿਸ਼ਈ ਮਨੁੱਖ ਇਸੇ ਤਰ੍ਹਾਂ (ਵਿਕਾਰਾਂ ਵਿਚ) ਹੀ ਦਿਨ ਰਾਤ (ਆਪਣੀ ਉਮਰ) ਗੁਜ਼ਾਰਦਾ ਹੈ।
51987	1205	ਗੋਬਿੰਦੁ ਨ ਭਜੈ ਅਹੰਬੁਧਿ ਮਾਤਾ ਜਨਮੁ ਜੂਐ ਜਿਉ ਹਾਰੈ॥੧॥ਰਹਾਉ॥	ਮੱਾਤਾ	Gobindh N Bhajai Ahanbudhh Maathaa Janam Jooai Jio Haarai ||1|| Rehaao ||	He does not vibrate and meditate on the Lord of the Universe; he is intoxicated with egotistical intellect. He loses his life in the gamble. ||1||Pause||	(ਵਿਸ਼ਈ ਮਨੁੱਖ) ਪਰਮਾਤਮਾ ਦਾ ਭਜਨ ਨਹੀਂ ਕਰਦਾ, ਅਹੰਕਾਰ ਵਿਚ ਮੱਤਾ ਹੋਇਆ (ਆਪਣਾ ਮਨੁੱਖਾ) ਜਨਮ (ਇਉਂ) ਹਾਰ ਜਾਂਦਾ ਹੈ ਜਿਵੇਂ (ਜੁਆਰੀਆ) ਜੂਏ ਵਿਚ (ਬਾਜ਼ੀ ਹਾਰਦਾ ਹੈ) ॥੧॥ ਰਹਾਉ ॥
51988	1205	ਨਾਮੁ ਅਮੋਲਾ ਪ੍ਰੀਤਿ ਨ ਤਿਸ ਸਿਉ ਪਰ ਨਿੰਦਾ ਹਿਤਕਾਰੈ॥		Naam Amolaa Preeth N This Sio Par Nindhaa Hithakaarai ||	The Naam, the Name of the Lord, is priceless, but he is not in love with it. He loves only to slander others.	ਪਰਮਾਤਮਾ ਦਾ ਨਾਮ ਬਹੁਤ ਹੀ ਕੀਮਤੀ ਹੈ (ਵਿਸ਼ਈ ਮਨੁੱਖ) ਉਸ ਨਾਲ ਪਿਆਰ ਨਹੀਂ ਪਾਂਦਾ, ਦੂਜਿਆਂ ਦੀ ਨਿੰਦਾ ਨਾਲ ਪਿਆਰ ਕਰਦਾ ਹੈ।
51989	1205	ਛਾਪਰੁ ਬਾਂਧਿ ਸਵਾਰੈ ਤ੍ਰਿਣ ਕੋ ਦੁਆਰੈ ਪਾਵਕੁ ਜਾਰੈ॥੧॥		Shhaapar Baandhh Savaarai Thrin Ko Dhuaarai Paavak Jaarai ||1||	Weaving the grass, he builds his house of straw. At the door, he builds a fire. ||1||	(ਵਿਸ਼ਈ ਮਨੁੱਖ, ਮਾਨੋ) ਕੱਖਾਂ ਦਾ ਛੱਪਰ ਬਣਾ ਕੇ (ਉਸ ਨੂੰ) ਸਜਾਂਦਾ ਰਹਿੰਦਾ ਹੈ (ਪਰ ਉਸ ਦੇ) ਬੂਹੇ ਅੱਗੇ ਅੱਗ ਬਾਲ ਦੇਂਦਾ ਹੈ (ਜਿਸ ਕਰਕੇ ਹਰ ਵੇਲੇ ਉਸ ਦੇ ਸੜਨ ਦਾ ਖ਼ਤਰਾ ਰਹਿੰਦਾ ਹੈ) ॥੧॥

51990	1205	ਕਾਲਰ ਪੋਟ ਉਠਾਵੈ ਮੂੰਡਹਿ ਅੰਮ੍ਰਿਤੁ ਮਨ ਤੇ ਡਾਰੈ॥		Kaalar Pott Outhaavai Moonddehi Anmrith Man Thae Ddaarai ||	He carries a load of sulfur on his head, and drives the Ambrosial Nectar out of his mind.	(ਵਿਕਾਰਾਂ ਵਿਚ ਫਸਿਆ ਮਨੁੱਖ, ਮਾਨੋ) ਕੱਲਰ ਦੀ ਪੰਡ (ਆਪਣੇ) ਸਿਰ ਉੱਤੇ ਚੁੱਕੀ ਫਿਰਦਾ ਹੈ, ਅਤੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਆਪਣੇ) ਮਨ ਵਿਚੋਂ (ਬਾਹਰ) ਸੁੱਟ ਦੇਂਦਾ ਹੈ,
51991	1205	ਓਢੈ ਬਸਤ੍ਰ ਕਾਜਰ ਮਹਿ ਪਰਿਆ ਬਹੁਰਿ ਬਹੁਰਿ ਫਿਰਿ ਝਾਰੈ॥੨॥		Oudtai Basathr Kaajar Mehi Pariaa Bahur Bahur Fir Jhaarai ||2||	Wearing his good clothes, the mortal falls into the coal-pit; again and again, he tries to shake it off. ||2||	ਕਾਲਖ (-ਭਰੇ ਕਮਰੇ) ਵਿਚ ਬੈਠਾ ਹੋਇਆ (ਚਿੱਟੇ) ਕੱਪੜੇ ਪਹਿਨਦਾ ਹੈ ਅਤੇ (ਕੱਪੜਿਆਂ ਉੱਤੇ ਪਈ ਕਾਲਖ ਨੂੰ) ਮੁੜ ਮੁੜ ਝਾੜਦਾ ਰਹਿੰਦਾ ਹੈ ॥੨॥
51992	1205	ਕਾਟੈ ਪੇਡੁ ਡਾਲ ਪਰਿ ਠਾਢੌ ਖਾਇ ਖਾਇ ਮੁਸਕਾਰੈ॥		Kaattai Paedd Ddaal Par Thaadta Khaae Khaae Musakaarai ||	Standing on the branch, eating and eating and smiling, he cuts down the tree.	(ਵਿਕਾਰਾਂ ਵਿਚ ਫਸਿਆ ਹੋਇਆ ਮਨੁੱਖ, ਮਾਨੋ, ਰੁੱਖ ਦੇ ਹੀ) ਟਾਹਣ ਉੱਤੇ ਖਲੋਤਾ ਹੋਇਆ (ਉਸੇ) ਰੁੱਖ ਨੂੰ ਵੱਢ ਰਿਹਾ ਹੈ, (ਨਾਲ ਨਾਲ ਹੀ ਮਿਠਿਆਈ ਆਦਿਕ) ਖਾ ਖਾ ਕੇ ਮੁਸਕ੍ਰਾ ਰਿਹਾ ਹੈ।
51993	1205	ਗਿਰਿਓ ਜਾਇ ਰਸਾਤਲਿ ਪਰਿਓ ਛਿਟੀ ਛਿਟੀ ਸਿਰ ਭਾਰੈ॥੩॥	(ਛਿਟੀ) ਹੱਡੀ। ਛਿਟੀ ਛਿਟੀ: ਪੋਲੇ ਬੋਲੋ	Giriou Jaae Rasaathal Pariou Shhittee Shhittee Sir Bhaarai ||3||	He falls down head-first and is shattered into bits and pieces. ||3||	(ਪਰ ਰੁੱਖ ਵੱਢਿਆ ਜਾਣ ਤੇ ਉਹ ਮਨੁੱਖ) ਡੂੰਘੇ ਟੋਏ ਵਿਚ ਜਾ ਡਿੱਗਦਾ ਹੈ, ਸਿਰ-ਭਾਰ ਡਿੱਗ ਕੇ ਹੱਡੀ ਹੱਡੀ ਹੋ ਜਾਂਦਾ ਹੈ ॥੩॥

51994	1205	ਨਿਰਵੈਰੈ ਸੰਗਿ ਵੈਰੁ ਰਚਾਏ ਪਹੁਚਿ ਨ ਸਕੈ ਗਵਾਰੈ॥		Niravairai Sang Vair Rachaaeae Pahuch N Sakai Gavaarai ||	He bears vengeance against the Lord who is free of vengeance. The fool is not up to the task.	ਮੂਰਖ (ਵਿਕਾਰੀ) ਮਨੁੱਖ ਉਸ ਸੰਤ ਜਨ ਨਾਲ ਸਦਾ ਵੈਰ ਬਣਾਈ ਰੱਖਦਾ ਹੈ ਜੋ ਕਿਸੇ ਨਾਲ ਭੀ ਵੈਰ ਨਹੀਂ ਕਰਦਾ। (ਮੂਰਖ ਉਸ ਸੰਤ ਜਨ ਨਾਲ ਬਰਾਬਰੀ ਕਰਨ ਦਾ ਜਤਨ ਕਰਦਾ ਹੈ, ਪਰ) ਉਸ ਦੀ ਬਰਾਬਰੀ ਨਹੀਂ ਕਰ ਸਕਦਾ।
51995	1205	ਕਹੁ ਨਾਨਕ ਸੰਤਨ ਕਾ ਰਾਖਾ ਪਾਰਬ੍ਰਹਮੁ ਨਿਰੰਕਾਰੈ॥੪॥੧੦॥		Kahu Naanak Santhan Kaa Raakhaa Paarabreham Nirankaarai ||4||10||	Says Nanak, the Saving Grace of the Saints is the Formless, Supreme Lord God. ||4||10||	ਨਾਨਕ ਆਖਦਾ ਹੈ- (ਵਿਕਾਰੀ ਮੂਰਖ ਮਨੁੱਖ ਸੰਤ ਜਨਾਂ ਦਾ ਕੁਝ ਵਿਗਾੜ ਨਹੀਂ ਸਕਦਾ, ਕਿਉਂਕਿ) ਸੰਤ ਜਨਾਂ ਦਾ ਰਾਖਾ ਨਿਰੰਕਾਰ ਪਾਰਬ੍ਰਹਮ (ਸਦਾ ਆਪ) ਹੈ ॥੪॥੧੦॥
51996	1205	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
51997	1205	ਅਵਰਿ ਸਭਿ ਭੂਲੇ ਭ੍ਰਮਤ ਨ ਜਾਨਿਆ॥		Avar Sabh Bhoolae Bhramath N Jaaniaa ||	All the others are deluded by doubt; they do not understand.	ਹੋਰ ਸਾਰੇ ਜੀਵ ਕੁਰਾਹੇ ਪਏ ਰਹਿੰਦੇ ਹਨ, (ਮਾਇਆ ਦੀ ਖ਼ਾਤਰ) ਭਟਕਦਿਆਂ ਉਹਨਾਂ ਨੂੰ (ਸਹੀ ਜੀਵਨ-ਰਾਹ ਦੀ) ਸੂਝ ਨਹੀਂ ਪੈਂਦੀ।

51998	1205	ੲੇਕੁ ਸੁਧਾਖਰੁ ਜਾ ਕੈ ਹਿਰਦੈ ਵਸਿਆ ਤਿਨਿ ਬੇਦਹਿ ਤਤੁ ਪਛਾਨਿਆ॥੧॥ਰਹਾਉ॥		Eaek Sudhhaakhar Jaa Kai Hiradhai Vasiaa Thin Baedhehi Thath Pashhaaniaa ||1|| Rehaao ||	That person, within whose heart the One Pure Word abides, realizes the essence of the Vedas. ||1||Pause||	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਪਵਿੱਤਰ ਨਾਮ ਵੱਸਦਾ ਹੈ, ਉਸ ਨੇ (ਸਮਝੋ) ਵੇਦ (ਆਦਿਕ ਧਰਮ-ਪੁਸਤਕਾਂ) ਦਾ ਤੱਤ ਸਮਝ ਲਿਆ ॥੧॥ ਰਹਾਉ ॥
51999	1205	ਪਰਵਿਰਤਿ ਮਾਰਗੁ ਜੇਤਾ ਕਿਛੁ ਹੋਈਐ ਤੇਤਾ ਲੋਗ ਪਚਾਰਾ॥		Paravirath Maarag Jaethaa Kishh Hoeeai Thaethaa Log Pachaaraa ||	He walks in the ways of the world, trying to please people.	ਦੁਨੀਆ ਦੇ ਧੰਧਿਆਂ ਵਿਚ ਰੁੱਝੇ ਰਹਿਣ ਵਾਲਾ ਜਿਤਨਾ ਭੀ ਜੀਵਨ-ਰਸਤਾ ਹੈ, ਇਹ ਸਾਰਾ ਲੋਕਾਂ ਵਿਚ ਆਪਣੀ ਇੱਜ਼ਤ ਬਣਾਈ ਰੱਖਣ ਵਾਲਾ ਰਸਤਾ ਹੈ।
52000	1205	ਜਉ ਲਉ ਰਿਦੈ ਨਹੀ ਪਰਗਾਸਾ ਤਉ ਲਉ ਅੰਧ ਅੰਧਾਰਾ॥੧॥		Jo Lo Ridhai Nehee Paragaasaa Tho Lo Andhh Andhhaaraa ||1||	But as long as his heart is not enlightened, he is stuck in pitch black darkness. ||1||	ਜਦੋਂ ਤਕ (ਮਨੁੱਖ ਦੇ) ਹਿਰਦੇ ਵਿਚ (ਹਰਿ-ਨਾਮ ਦਾ) ਚਾਨਣ ਨਹੀਂ ਹੁੰਦਾ, ਤਦ ਤਕ (ਆਤਮਕ ਜੀਵਨ ਵੱਲੋਂ) ਘੁੱਪ ਹਨੇਰਾ ਟਿਕਿਆ ਰਹਿੰਦਾ ਹੈ ॥੧॥
52001	1205	ਜੈਸੇ ਧਰਤੀ ਸਾਧੈ ਬਹੁ ਬਿਧਿ ਬਿਨੁ ਬੀਜੈ ਨਹੀ ਜਾਂਮੈ॥		Jaisae Dhharathee Saadhhai Bahu Bidhh Bin Beejai Nehee Jaanmai ||	The land may be prepared in every way, but nothing sprouts without being planted.	ਜਿਵੇਂ (ਕੋਈ ਕਿਸਾਨ ਆਪਣੀ) ਜ਼ਮੀਨ ਨੂੰ ਕਈ ਤਰੀਕਿਆਂ ਨਾਲ ਤਿਆਰ ਕਰਦਾ ਹੈ, ਪਰ ਉਸ ਵਿਚ ਬੀ ਬੀਜਣ ਤੋਂ ਬਿਨਾ ਕੁਝ ਭੀ ਨਹੀਂ ਉੱਗਦਾ।

52002	1205	ਰਾਮ ਨਾਮ ਬਿਨੁ ਮੁਕਤਿ ਨ ਹੋਈ ਹੈ ਤੁਟੈ ਨਾਹੀ ਅਭਿਮਾਨੈ॥੨॥		Raam Naam Bin Mukath N Hoee Hai Thuttai Naahee Abhimaanai ||2||	Just so, without the Lord's Name, no one is liberated, nor is egotistical pride eradicated. ||2||	(ਇਸੇ ਤਰ੍ਹਾਂ) ਪਰਮਾਤਮਾ ਦਾ ਨਾਮ (ਹਿਰਦੇ ਵਿਚ ਬੀਜਣ) ਤੋਂ ਬਿਨਾ ਮਨੁੱਖ ਨੂੰ ਵਿਕਾਰਾਂ ਤੋਂ ਖ਼ਲਾਸੀ ਹਾਸਲ ਨਹੀਂ ਹੁੰਦੀ, ਉਸ ਦੇ ਅੰਦਰੋਂ ਅਹੰਕਾਰ ਨਹੀਂ ਮੁੱਕਦਾ ॥੨॥
52003	1205	ਨੀਰੁ ਬਿਲੋਵੈ ਅਤਿ ਸ੍ਰਮੁ ਪਾਵੈ ਨੈਨੂ ਕੈਸੇ ਰੀਸੈ॥	(ਨੈਨੂ) ਮੱਖਣ। (ਰੀਸੈ) ਨਿਕਲੇ	Neer Bilovai Ath Sram Paavai Nainoo Kaisae Reesai ||	The mortal may churn water until he is sore, but how can butter be produced?	ਜਿਹੜਾ ਮਨੁੱਖ ਪਾਣੀ ਨੂੰ ਹੀ ਰਿੜਕਦਾ ਰਹਿੰਦਾ ਹੈ ਉਹ ਨਿਰਾ ਬਹੁਤ ਥਕੇਵਾਂ ਹੀ ਖੱਟਦਾ ਹੈ, (ਪਾਣੀ ਰਿੜਕਣ ਨਾਲ ਉਸ ਵਿਚੋਂ) ਮੱਖਣ ਨਹੀਂ ਨਿਕਲ ਸਕਦਾ।
52004	1205	ਬਿਨੁ ਗੁਰ ਭੇਟੇ ਮੁਕਤਿ ਨ ਕਾਹੂ ਮਿਲਤ ਨਹੀ ਜਗਦੀਸੈ॥੩॥		Bin Gur Bhaettae Mukath N Kaahoo Milath Nehee Jagadheesai ||3||	Without meeting the Guru, no one is liberated, and the Lord of the Universe is not met. ||3||	(ਤਿਵੇਂ ਹੀ) ਗੁਰੂ ਨੂੰ ਮਿਲਣ ਤੋਂ ਬਿਨਾ ਕਿਸੇ ਨੂੰ ਭੀ ਮੁਕਤੀ (ਵਿਕਾਰਾਂ ਤੋਂ ਖ਼ਲਾਸੀ) ਪ੍ਰਾਪਤ ਨਹੀਂ ਹੁੰਦੀ, ਮਨੁੱਖ ਪਰਮਾਤਮਾ ਨੂੰ ਨਹੀਂ ਮਿਲ ਸਕਦਾ ॥੩॥
52005	1206	ਖੋਜਤ ਖੋਜਤ ਇਹੈ ਬੀਚਾਰਿਓ ਸਰਬ ਸੁਖਾ ਹਰਿ ਨਾਮਾ॥	ਸੁਖਾਂ: ਪੋਲਾ ਬੋਲੋ	Khojath Khojath Eihai Beechaariou Sarab Sukhaa Har Naamaa ||	Searching and searching, I have come to this realization: all peace and bliss are in the Name of the Lord.	ਖੋਜ ਕਰਦਿਆਂ ਕਰਦਿਆਂ (ਅਸਾਂ) ਇਹੀ ਵਿਚਾਰ ਕੀਤੀ ਹੈ ਕਿ ਪਰਮਾਤਮਾ ਦਾ ਨਾਮ (ਹੀ) ਸਾਰੇ ਸੁਖ ਦੇਣ ਵਾਲਾ ਹੈ।

52006	1206	ਕਹੁ ਨਾਨਕ ਤਿਸੁ ਭਇਓ ਪਰਾਪਤਿ ਜਾ ਕੈ ਲੇਖੁ ਮਥਾਮਾ॥੪॥੧੧॥		Kahu Naanak This Bhaeiou Paraapath Jaa Kai Laekh Mathhaamaa ||4||11||	Says Nanak, he alone receives it, upon whose forehead such destiny is inscribed. ||4||11||	ਪਰ ਨਾਨਕ ਆਖਦਾ ਹੈ- ਇਹ ਹਰਿ-ਨਾਮ ਉਸ ਮਨੁੱਖ ਨੂੰ ਮਿਲਦਾ ਹੈ ਜਿਸ ਦੇ ਮੱਥੇ ਉਤੇ (ਹਰਿ-ਨਾਮ ਦੀ ਪ੍ਰਾਪਤੀ ਦਾ) ਲੇਖ (ਜਾਗਦਾ) ਹੈ ॥੪॥੧੧॥
52007	1206	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52008	1206	ਅਨ ਦਿਨੁ ਰਾਮ ਕੇ ਗੁਣ ਕਹੀਐ॥		Anadhin Raam Kae Gun Keheeai ||	Night and day, utter the Glorious Praises of the Lord.	ਆਓ, ਅਸੀਂ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦੇ ਰਹੀਏ।
52009	1206	ਸਗਲ ਪਦਾਰਥ ਸਰਬ ਸੂਖ ਸਿਧਿ ਮਨ ਬਾਂਛਤ ਫਲ ਲਹੀਐ॥੧॥ਰਹਾਉ॥		Sagal Padhaarathh Sarab Sookh Sidhh Man Baanshhath Fal Leheeai ||1|| Rehaao ||	You shall obtain all wealth, all pleasures and successes, and the fruits of your mind's desires. ||1||Pause||	(ਗੁਣ ਗਾਣ ਦੀ ਬਰਕਤਿ ਨਾਲ) ਆਓ, ਸਾਰੇ ਪਦਾਰਥ, ਸਾਰੇ ਸੁਖ, ਸਾਰੀਆਂ ਸਿੱਧੀਆਂ, ਸਾਰੇ ਮਨ-ਮੰਗੇ ਫਲ ਹਾਸਲ ਕਰੀਏ ॥੧॥ ਰਹਾਉ ॥
52010	1206	ਆਵਹੁ ਸੰਤ ਪ੍ਰਾਨ ਸੁਖਦਾਤੇ ਸਿਮਰਹ ਪ੍ਰਭੁ ਅਬਿਨਾਸੀ॥		Aavahu Santh Praan Sukhadhaathae Simareh Prabh Abinaasee ||	Come, O Saints, let us meditate in remembrance on God; He is the Eternal, Imperishable Giver of Peace and Praanaa, the Breath of Life.	ਹੇ ਸੰਤ ਜਨੋ! ਆਓ, ਅਸੀਂ ਪ੍ਰਾਣ-ਦਾਤੇ ਸੁਖ-ਦਾਤੇ ਅਬਿਨਾਸੀ ਪ੍ਰਭੂ (ਦਾ ਨਾਮ) ਸਿਮਰੀਏ।

52011	1206	ਅਨਾਥਹ ਨਾਥੁ ਦੀਨ ਦੁਖ ਭੰਜਨ ਪੂਰਿ ਰਹਿਓ ਘਟ ਵਾਸੀ॥੧॥		Anaathheh Naathh Dheen Dhukh Bhanjan Poor Rehiou Ghatt Vaasee ||1||	Master of the masterless, Destroyer of the pains of the meek and the poor; He is All-pervading and permeating, abiding in all hearts. ||1||	ਉਹ ਪ੍ਰਭੂ ਨਿਖਸਮਿਆਂ ਦਾ ਖਸਮ ਹੈ, ਉਹ ਪ੍ਰਭੂ ਗ਼ਰੀਬਾਂ ਦੇ ਦੁੱਖ ਨਾਸ ਕਰਨ ਵਾਲਾ ਹੈ, ਉਹ ਪ੍ਰਭੂ ਸਭ ਥਾਈਂ ਵਿਆਪਕ ਹੈ, ਉਹ ਪ੍ਰਭੂ ਸਾਰੇ ਸਰੀਰਾਂ ਵਿਚ ਮੌਜੂਦ ਹੈ ॥੧॥
52012	1206	ਗਾਵਤ ਸੁਨਤ ਸੁਨਾਵਤ ਸਰਧਾ ਹਰਿ ਰਸੁ ਪੀ ਵਡਭਾਗੇ॥		Gaavath Sunath Sunaavath Saradhhaa Har Ras Pee Vaddabhaagae ||	The very fortunate ones drink in the Sublime Essence of the Lord, singing, reciting and listening to the Lord's Praises.	ਹੇ ਸੰਤ ਜਨੋ! ਪਰਮਾਤਮਾ ਦੇ ਗੁਣ ਸਰਧਾ ਨਾਲ ਗਾਂਦਿਆਂ ਸੁਣਦਿਆਂ ਸੁਣਾਂਦਿਆਂ ਪਰਮਾਤਮਾ ਦਾ ਨਾਮ-ਰਸ ਪੀ ਕੇ ਵੱਡੇ ਭਾਗਾਂ ਵਾਲੇ ਬਣ ਜਾਈਦਾ ਹੈ।
52013	1206	ਕਲਿ ਕਲੇਸ ਮਿਟੇ ਸਭਿ ਤਨ ਤੇ ਰਾਮ ਨਾਮ ਲਿਵ ਜਾਗੇ॥੨॥		Kal Kalaes Mittae Sabh Than Thae Raam Naam Liv Jaagae ||2||	All their sufferings and struggles are wiped away from their bodies; they remain lovingly awake and aware in the Name of the Lord. ||2||	ਹੇ ਸੰਤ ਜਨੋ! ਜਿਹੜੇ ਮਨੁੱਖ ਪਰਮਾਤਮਾ ਦੇ ਨਾਮ ਵਿਚ ਸੁਰਤ ਜੋੜ ਕੇ (ਵਿਕਾਰਾਂ ਦੇ ਹੱਲਿਆਂ ਵੱਲੋਂ ਸਦਾ) ਸੁਚੇਤ ਰਹਿੰਦੇ ਹਨ, ਉਹਨਾਂ ਦੇ ਸਰੀਰ ਵਿਚੋਂ ਸਾਰੇ ਝਗੜੇ ਸਾਰੇ ਦੁੱਖ ਮਿਟ ਜਾਂਦੇ ਹਨ ॥੨॥

52014	1206	ਕਾਮੁ ਕ੍ਰੋਧੁ ਝੂਠੁ ਤਜਿ ਨਿੰਦਾ ਹਰਿ ਸਿਮਰਨਿ ਬੰਧਨ ਤੂਟੇ॥		Kaam Krodhh Jhooth Thaj Nindhaa Har Simaran Bandhhan Thoottae ||	So abandon your sexual desire, greed, falsehood and slander; meditating in remembrance on the Lord, you shall be released from bondage.	ਹੇ ਸੰਤ ਜਨੋ! ਕਾਮ ਕ੍ਰੋਧ ਝੂਠ ਨਿੰਦਿਆ ਛੱਡ ਕੇ ਪਰਮਾਤਮਾ ਦਾ ਨਾਮ ਸਿਮਰਨ ਦੀ ਰਾਹੀਂ (ਮਨੁੱਖ ਦੇ ਅੰਦਰੋਂ ਮਾਇਆ ਦੇ ਮੋਹ ਦੀਆਂ ਸਾਰੀਆਂ) ਫਾਹੀਆਂ ਟੁੱਟ ਜਾਂਦੀਆਂ ਹਨ।
52015	1206	ਮੋਹ ਮਗਨ ਅਹੰ ਅੰਧ ਮਮਤਾ ਗੁਰ ਕਿਰਪਾ ਤੇ ਛੂਟੇ॥੩॥		Moh Magan Ahan Andhh Mamathaa Gur Kirapaa Thae Shhoottae ||3||	The intoxication of loving attachments, egotism and blind possessiveness are eradicated by Guru's Grace. ||3||	ਮੋਹ ਵਿਚ ਡੁੱਬੇ ਰਹਿਣਾ, ਹਉਮੈ ਵਿਚ ਅੰਨ੍ਹੇ ਹੋਏ ਰਹਿਣਾ, ਮਾਇਆ ਦੇ ਕਬਜ਼ੇ ਦੀ ਲਾਲਸਾ- ਇਹ ਸਾਰੇ ਗੁਰੂ ਦੀ ਕਿਰਪਾ ਨਾਲ (ਮਨੁੱਖ ਦੇ ਅੰਦਰੋਂ) ਖ਼ਤਮ ਹੋ ਜਾਂਦੇ ਹਨ ॥੩॥
52016	1206	ਤੂ ਸਮਰਥੁ ਪਾਰਬ੍ਰਹਮ ਸੁਆਮੀ ਕਰਿ ਕਿਰਪਾ ਜਨੁ ਤੇਰਾ॥		Thoo Samarathh Paarabreham Suaamee Kar Kirapaa Jan Thaeraa ||	You are All-Powerful, O Supreme Lord God and Master; please be Merciful to Your humble servant.	ਹੇ ਪਾਰਬ੍ਰਹਮ! ਹੇ ਸੁਆਮੀ! ਤੂੰ ਸਭ ਤਾਕਤਾਂ ਦਾ ਮਾਲਕ ਹੈਂ (ਮੇਰੇ ਉਤੇ) ਮਿਹਰ ਕਰ (ਮੈਨੂੰ ਆਪਣਾ ਨਾਮ ਸਿਮਰਨ ਦਾ ਖੈਰ ਪਾ, ਮੈਂ) ਤੇਰਾ ਦਾਸ ਹਾਂ।

52017	1206	ਪੂਰਿ ਰਹਿਓ ਸਰਬ ਮਹਿ ਠਾਕੁਰੁ ਨਾਨਕ ਸੋ ਪ੍ਰਭੁ ਨੇਰਾ॥੪॥੧੨॥		Poor Rehiou Sarab Mehi Thaakur Naanak So Prabh Naeraa ||4||12||	My Lord and Master is All-pervading and prevailing everywhere; O Nanak, God is Near. ||4||12||	ਹੇ ਨਾਨਕ! ਮਾਲਕ-ਪ੍ਰਭੂ ਸਭ ਜੀਵਾਂ ਵਿਚ ਵਿਆਪਕ ਹੈ, ਉਹ ਪ੍ਰਭੂ ਸਭ ਦੇ ਨੇੜੇ ਵੱਸਦਾ ਹੈ ॥੪॥੧੨॥
52018	1206	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52019	1206	ਬਲਿਹਾਰੀ ਗੁਰਦੇਵ ਚਰਨ॥		Balihaaree Guradhaev Charan ||	I am a sacrifice to the Feet of the Divine Guru.	(ਮੈਂ ਆਪਣੇ) ਗੁਰੂ ਦੇ ਚਰਨਾਂ ਤੋਂ ਸਦਕੇ ਜਾਂਦਾ ਹਾਂ,
52020	1206	ਜਾ ਕੈ ਸੰਗਿ ਪਾਰਬ੍ਰਹਮੁ ਧਿਆਈਐ ਉਪਦੇਸੁ ਹਮਾਰੀ ਗਤਿ ਕਰਨ॥੧॥ਰਹਾਉ॥		Jaa Kai Sang Paarabreham Dhhiaaeeai Oupadhaes Hamaaree Gath Karan ||1|| Rehaao ||	I meditate with Him on the Supreme Lord God; His Teachings have emancipated me. ||1||Pause||	ਜਿਸ ਦਾ ਉਪਦੇਸ਼ ਅਸਾਂ ਜੀਵਾਂ ਦੀ ਉੱਚੀ ਆਤਮਕ ਦਸ਼ਾ ਬਣਾ ਦੇਂਦਾ ਹੈ ॥੧॥ ਰਹਾਉ ॥
52021	1206	ਦੂਖ ਰੋਗ ਭੈ ਸਗਲ ਬਿਨਾਸੇ ਜੋ ਆਵੈ ਹਰਿ ਸੰਤ ਸਰਨ॥		Dhookh Rog Bhai Sagal Binaasae Jo Aavai Har Santh Saran ||	All pains, diseases and fears are erased, for one who comes to the Sanctuary of the Lord's Saints.	ਜਿਹੜਾ ਮਨੁੱਖ ਹਰੀ ਦੇ ਸੰਤ ਗੁਰਦੇਵ ਦੀ ਸਰਨ ਪੈਂਦਾ ਹੈ, ਉਸ ਦੇ ਸਾਰੇ ਦੁੱਖ ਸਾਰੇ ਰੋਗ ਸਾਰੇ ਡਰ ਨਾਸ ਹੋ ਜਾਂਦੇ ਹਨ।

52022	1206	ਆਪਿ ਜਪੈ ਅਵਰਹ ਨਾਮੁ ਜਪਾਵੈ ਵਡ ਸਮਰਥ ਤਾਰਨ ਤਰਨ॥੧॥	ਸਮਰੱਥ	Aap Japai Avareh Naam Japaavai Vadd Samarathh Thaaran Tharan ||1||	He Himself chants, and inspires others to chant the Naam, the Name of the Lord. He is Utterly All-Powerful; He carries us across to the other side. ||1||	ਉਹ ਮਨੁੱਖ ਵੱਡੀ ਸਮਰਥਾ ਵਾਲੇ ਹਰੀ ਦਾ ਸਭ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ-ਜੋਗ ਹਰੀ ਦਾ ਨਾਮ ਆਪ ਜਪਦਾ ਹੈ ਅਤੇ ਹੋਰਨਾਂ ਪਾਸੋਂ ਜਪਾਂਦਾ ਹੈ ॥੧॥
52023	1206	ਜਾ ਕੋ ਮੰਤ੍ਰੁ ਉਤਾਰੈ ਸਹਸਾ ਊਣੇ ਕਉ ਸੁਭਰ ਭਰਨ॥	ਸੁੱਭਰ	Jaa Ko Manthra Outhaarai Sehasaa Oonae Ko Subhar Bharan ||	His Mantra drives out cynicism, and totally fills the empty one.	(ਮੈਂ ਆਪਣੇ ਗੁਰੂ ਦੇ ਚਰਨਾਂ ਤੋਂ ਸਦਕੇ ਜਾਂਦਾ ਹਾਂ) ਜਿਸ ਦਾ ਉਪਦੇਸ਼ ਮਨੁੱਖ ਦਾ ਸਹਮ ਦੂਰ ਕਰ ਦੇਂਦਾ ਹੈ ਜਿਹੜਾ ਗੁਰੂ ਆਤਮਕ ਜੀਵਨ ਤੋਂ ਸੱਖਣੇ ਮਨੁੱਖਾਂ ਨੂੰ ਨਕਾ-ਨਕ ਭਰ ਦੇਂਦਾ ਹੈ।
52024	1206	ਹਰਿ ਦਾਸਨ ਕੀ ਆਗਿਆ ਮਾਨਤ ਤੇ ਨਾਹੀ ਫੁਨਿ ਗਰਭ ਪਰਨ॥੨॥		Har Dhaasan Kee Aagiaa Maanath Thae Naahee Fun Garabh Paran ||2||	Those who obey the Order of the Lord's slaves, do not enter into the womb of reincarnation ever again. ||2||	ਜਿਹੜੇ ਮਨੁੱਖ ਹਰੀ ਦੇ ਦਾਸਾਂ ਦੀ ਰਜ਼ਾ ਵਿਚ ਤੁਰਦੇ ਹਨ, ਉਹ ਮੁੜ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦੇ ॥੨॥
52025	1206	ਭਗਤਨ ਕੀ ਟਹਲ ਕਮਾਵਤ ਗਾਵਤ ਦੁਖ ਕਾਟੇ ਤਾ ਕੇ ਜਨਮ ਮਰਨ॥		Bhagathan Kee Ttehal Kamaavath Gaavath Dhukh Kaattae Thaa Kae Janam Maran ||	Whoever works for the Lord's devotees and sings His Praises - his pains of birth and death are taken away.	ਸੰਤ ਜਨਾਂ ਦੀ ਸੇਵਾ ਕਰਦਿਆਂ ਪਰਮਾਤਮਾ ਦੇ ਗੁਣ ਗਾਂਦਿਆਂ (ਗੁਰੂ) ਉਹਨਾਂ ਦੇ ਜਨਮ ਮਰਨ ਦੇ ਸਾਰੇ ਦੁੱਖ ਕੱਟ ਦੇਂਦਾ ਹੈ।

52026	1206	ਜਾ ਕਉ ਭਇਓ ਕ੍ਰਿਪਾਲੁ ਬੀਠੁਲਾ ਤਿਨਿ ਹਰਿ ਹਰਿ ਅਜਰ ਜਰਨ॥੩॥	ਅ-ਜਰ	Jaa Ko Bhaeiou Kirapaal Beethulaa Thin Har Har Ajar Jaran ||3||	Those unto whom my Beloved becomes Merciful, endure the Unendurable Ecstasy of the Lord, Har, Har. ||3||	(ਗੁਰੂ ਦੀ ਮਿਹਰ ਨਾਲ) ਜਿਸ ਮਨੁੱਖ ਉੱਤੇ ਮਾਇਆ ਤੋਂ ਨਿਰਲੇਪ ਪ੍ਰਭੂ ਦਇਆਵਾਨ ਹੁੰਦਾ ਹੈ, ਉਸ ਮਨੁੱਖ ਨੇ ਸਦਾ ਜਵਾਨ ਰਹਿਣ ਵਾਲੇ (ਜਰਾ-ਰਹਿਤ) ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾ ਲਿਆ ਹੈ ॥੩॥
52027	1206	ਹਰਿ ਰਸਹਿ ਅਘਾਨੇ ਸਹਜਿ ਸਮਾਨੇ ਮੁਖ ਤੇ ਨਾਹੀ ਜਾਤ ਬਰਨ॥		Har Rasehi Aghaanae Sehaj Samaanae Mukh Thae Naahee Jaath Baran ||	Those who are satisfied by the Sublime Essence of the Lord, merge intuitively into the Lord; no mouth can describe their state.	ਹੇ ਨਾਨਕ! ਜਿਹੜੇ ਮਨੁੱਖ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਨਾਮ-ਰਸ ਨਾਲ ਰੱਜ ਜਾਂਦੇ ਹਨ, ਆਤਮਕ ਅਡੋਲਤਾ ਵਿਚ ਲੀਨ ਹੋ ਜਾਂਦੇ ਹਨ (ਉਹਨਾਂ ਦੀ ਉੱਚੀ ਆਤਮਕ ਅਵਸਥਾ) ਮੂੰਹੋਂ ਬਿਆਨ ਨਹੀਂ ਕੀਤੀ ਜਾ ਸਕਦੀ।
52028	1206	ਗੁਰ ਪ੍ਰਸਾਦਿ ਨਾਨਕ ਸੰਤੋਖੇ ਨਾਮੁ ਪ੍ਰਭੂ ਜਪਿ ਜਪਿ ਉਧਰਨ॥੪॥੧੩॥	(ਉ-ਧਰਨ) ਉਧਾਰਦੇ ਹੋਰਨਾ ਨੂੰ	Gur Prasaadh Naanak Santhokhae Naam Prabhoo Jap Jap Oudhharan ||4||13||	By Guru's Grace, O Nanak, they are content; chanting and meditating on God's Name, they are saved. ||4||13||	ਉਹ ਮਨੁੱਖ ਪ੍ਰਭੂ ਦਾ ਨਾਮ ਜਪ ਕੇ ਸੰਤੋਖੀ ਜੀਵਨ ਵਾਲੇ ਹੋ ਜਾਂਦੇ ਹਨ, ਉਹ ਮਨੁੱਖ ਪ੍ਰਭੂ ਦਾ ਨਾਮ ਜਪ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ ॥੪॥੧੩॥
52029	1206	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52030	1206	ਗਾਇਓ ਰੀ ਮੈ ਗੁਣ ਨਿਧਿ ਮੰਗਲ ਗਾਇਓ॥		Gaaeiou Ree Mai Gun Nidhh Mangal Gaaeiou ||	I sing, O I sing the Songs of Joy of my Lord, the Treasure of Virtue.	(ਹੇ ਭੈਣ!) ਮੈਂ ਭੀ ਉਸ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੇ ਸਿਫ਼ਤ-ਸਾਲਾਹ ਦੇ ਗੀਤ ਗਾ ਰਹੀ ਹਾਂ।
52031	1206	ਭਲੇ ਸੰਜੋਗ ਭਲੇ ਦਿਨ ਅਉਸਰ ਜਉ ਗੋਪਾਲੁ ਰੀਝਾਇਓ॥੧॥ਰਹਾਉ॥		Bhalae Sanjog Bhalae Dhin Aousar Jo Gopaal Reejhaaeiou ||1|| Rehaao ||	Fortunate is the time, fortunate is the day and the moment, when I become pleasing to the Lord of the World. ||1||Pause||	(ਜਿੰਦ ਵਾਸਤੇ ਉਹ) ਭਲੇ ਸਬਬ ਹੁੰਦੇ ਹਨ, ਭਾਗਾਂ ਵਾਲੇ ਦਿਨ ਹੁੰਦੇ ਹਨ, ਸੋਹਣੇ ਸਮੇ ਹੁੰਦੇ ਹਨ, ਜਦੋਂ (ਕੋਈ ਜਿੰਦ) ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਨੂੰ ਖ਼ੁਸ਼ ਕਰ ਲਏ ॥੧॥ ਰਹਾਉ ॥
52032	1206	ਸੰਤਹ ਚਰਨ ਮੋਰਲੋ ਮਾਥਾ॥	(ਮੋਰਲੋ) ਮੇਰਾ	Santheh Charan Moralo Maathhaa ||	I touch my forehead to the Feet of the Saints.	ਹੇ ਭੈਣ! ਮੇਰਾ ਮੱਥਾ ਹੁਣ ਸੰਤਾਂ ਦੇ ਚਰਨਾਂ ਤੇ ਹੈ,
52033	1206	ਹਮਰੇ ਮਸਤਕਿ ਸੰਤ ਧਰੇ ਹਾਥਾ॥੧॥		Hamarae Masathak Santh Dhharae Haathhaa ||1||	The Saints have placed their hands on my forehead. ||1||	ਮੇਰੇ ਮੱਥੇ ਉਤੇ ਸੰਤਾਂ ਨੇ ਆਪਣੇ ਹੱਥ ਰੱਖੇ ਹਨ-(ਮੇਰੇ ਵਾਸਤੇ ਇਹ ਬੜਾ ਹੀ ਸੁਭਾਗ ਸਮਾ ਹੈ) ॥੧॥
52034	1206	ਸਾਧਹ ਮੰਤ੍ਰੁ ਮੋਰਲੋ ਮਨੂਆ॥		Saadhheh Manthra Moralo Manooaa ||	My mind is filled with the Mantra of the Holy Saints,	ਗੁਰੂ ਦਾ ਉਪਦੇਸ਼ ਮੇਰੇ ਅੰਞਾਣ ਮਨ ਵਿਚ ਆ ਵੱਸਿਆ ਹੈ,
52035	1206	ਤਾ ਤੇ ਗਤੁ ਹੋਏ ਤ੍ਰੈ ਗੁਨੀਆ॥੨॥		Thaa Thae Gath Hoeae Thrai Guneeaa ||2||	And I have risen above the three qualities||2||	ਉਸ ਦੀ ਬਰਕਤਿ ਨਾਲ (ਮੇਰੇ ਅੰਦਰੋਂ) ਮਾਇਆ ਦੇ ਤਿੰਨਾਂ ਹੀ ਗੁਣਾਂ ਦਾ ਪ੍ਰਭਾਵ ਦੂਰ ਹੋ ਗਿਆ ਹੈ ॥੨॥

52036	1206	ਭਗਤਹ ਦਰਸੁ ਦੇਖਿ ਨੈਨ ਰੰਗਾ॥		Bhagatheh Dharas Dhaekh Nain Rangaa ||	Gazing upon the Blessed Vision, the Darshan of God's devotees, my eyes are filled with love.	ਸੰਤ ਜਨਾਂ ਦਾ ਦਰਸਨ ਕਰ ਕੇ ਮੇਰੀਆਂ ਅੱਖਾਂ ਵਿਚ (ਅਜਿਹਾ) ਪ੍ਰੇਮ ਪੈਦਾ ਹੋ ਗਿਆ ਹੈ,
52037	1206	ਲੋਭ ਮੋਹ ਤੂਟੇ ਭ੍ਰਮ ਸੰਗਾ॥੩॥		Lobh Moh Thoottae Bhram Sangaa ||3||	Greed and attachment are gone, along with doubt. ||3||	ਕਿ ਲੋਭ ਮੋਹ ਭਟਕਣਾ ਦਾ ਸਾਥ (ਮੇਰੇ ਅੰਦਰੋਂ) ਮੁੱਕ ਗਿਆ ਹੈ ॥੩॥
52038	1206	ਕਹੁ ਨਾਨਕ ਸੁਖ ਸਹਜ ਅਨੰਦਾ॥		Kahu Naanak Sukh Sehaj Anandhaa ||	Says Nanak, I have found intuitive peace, poise and bliss.	ਨਾਨਕ ਆਖਦਾ ਹੈ- (ਹੁਣ ਮੇਰੇ ਅੰਦਰ) ਆਤਮਕ ਅਡੋਲਤਾ ਦੇ ਸੁਖ ਆਨੰਦ ਬਣੇ ਪਏ ਹਨ।
52039	1206	ਖੋਲ੍ਹਿ ਭੀਤਿ ਮਿਲੇ ਪਰਮਾਨੰਦਾ॥੪॥੧੪॥		Kholih Bheeth Milae Paramaanandhaa ||4||14||	Tearing down the wall, I have met the Lord, the Embodiment of Supreme Bliss. ||4||14||	(ਮੇਰੇ ਅੰਦਰੋਂ ਹਉਮੈ ਦੀ) ਕੰਧ ਤੋੜ ਕੇ ਸਭ ਤੋਂ ਉੱਚੇ ਆਨੰਦ ਦੇ ਮਾਲਕ-ਪ੍ਰਭੂ ਜੀ ਮੈਨੂੰ ਮਿਲ ਪਏ ਹਨ ॥੪॥੧੪॥
52040	1206	ਸਾਰਗ ਮਹਲਾ ੫ ਘਰੁ ੨		Saarag Mehalaa 5 Ghar 2	Saarang, Fifth Mehl, Second House:	ਰਾਗ ਸਾਰੰਗ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
52041	1206	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
52042	1206	ਕੈਸੇ ਕਹਉ ਮੋਹਿ ਜੀਅ ਬੇਦਨਾਈ॥	(ਬੇਦਨਾਈ) ਪੀੜਾ	Kaisae Keho Mohi Jeea Baedhanaaee ||	How can I express the pain of my soul?	ਹੇ ਵੀਰ! ਮੈਂ ਆਪਣੇ ਦਿਲ ਦੀ ਪੀੜ ਕਿਵੇਂ ਬਿਆਨ ਕਰਾਂ? (ਬਿਆਨ ਕਰ ਨਹੀਂ ਸਕਦੀ)।

52043	1206	ਦਰਸਨ ਪਿਆਸ ਪ੍ਰਿਅ ਪ੍ਰੀਤਿ ਮਨੋਹਰ ਮਨੁ ਨ ਰਹੈ ਬਹੁ ਬਿਧਿ ਉਮਕਾਈ॥੧॥ਰਹਾਉ॥		Dharasan Piaas Pria Preeth Manohar Man N Rehai Bahu Bidhh Oumakaaee ||1|| Rehaao ||	I am so thirsty for the Blessed Vision, the Darshan of my Enticing and Lovely Beloved. My mind cannot survive - it yearns for Him in so many ways. ||1||Pause||	ਮੇਰੇ ਅੰਦਰ ਮਨ ਨੂੰ ਮੋਹ ਲੈਣ ਵਾਲੇ ਪਿਆਰੇ ਪ੍ਰਭੂ ਦੀ ਪ੍ਰੀਤ ਹੈ ਉਸ ਦੇ ਦਰਸਨ ਦੀ ਤਾਂਘ ਹੈ (ਦਰਸਨ ਤੋਂ ਬਿਨਾ ਮੇਰਾ) ਮਨ ਧੀਰਜ ਨਹੀਂ ਕਰਦਾ, (ਮੇਰਾ ਅੰਦਰ) ਕਈ ਤਰੀਕਿਆਂ ਨਾਲ ਉਮੰਗ ਉਠ ਰਹੀ ਹੈ ॥੧॥ ਰਹਾਉ ॥
52044	1207	ਚਿਤਵਨਿ ਚਿਤਵਉ ਪ੍ਰਿਅ ਪ੍ਰੀਤਿ ਬੈਰਾਗੀ ਕਦਿ ਪਾਵਉ ਹਰਿ ਦਰਸਾਈ॥		Chithavan Chithavo Pria Preeth Bairaagee Kadh Paavo Har Dharasaaee ||	I think thoughts of Him; I miss the Love of my Beloved. When will I obtain the Blessed Vision of the Lord's Darshan?	ਹੇ ਵੀਰ! ਮੈਂ ਪਿਆਰੇ ਦੀ ਪ੍ਰੀਤ ਨਾਲ ਵੈਰਾਗਣ ਹੋਈ ਪਈ ਹਾਂ, ਮੈਂ (ਹਰ ਵੇਲੇ ਇਹ) ਸੋਚ ਸੋਚਦੀ ਰਹਿੰਦੀ ਹਾਂ ਕਿ ਮੈਂ ਹਰੀ ਦਾ ਦਰਸਨ ਕਦੋਂ ਕਰਾਂਗੀ।
52045	1207	ਜਤਨ ਕਰਉ ਇਹੁ ਮਨੁ ਨਹੀ ਧੀਰੈ ਕੋਊ ਹੈ ਰੇ ਸੰਤੁ ਮਿਲਾਈ॥੧॥		Jathan Karo Eihu Man Nehee Dhheerai Kooo Hai Rae Santh Milaaee ||1||	I try, but this mind is not encouraged. Is there any Saint who can lead me to God? ||1||	(ਇਸ ਮਨ ਨੂੰ ਧੀਰਜ ਦੇਣ ਲਈ) ਮੈਂ ਜਤਨ ਕਰਦੀ ਰਹਿੰਦੀ ਹਾਂ, ਪਰ ਇਹ ਮਨ ਧੀਰਜ ਨਹੀਂ ਕਰਦਾ। ਹੇ ਵੀਰ! ਕੋਈ ਅਜਿਹਾ ਭੀ ਸੰਤ ਹੈ ਜਿਹੜਾ ਮੈਨੂੰ ਪ੍ਰਭੂ ਮਿਲਾ ਦੇਵੇ? ॥੧॥

52046	1207	ਜਪ ਤਪ ਸੰਜਮ ਪੁੰਨ ਸਭਿ ਹੋਮਉ ਤਿਸੁ ਅਰਪਉ ਸਭਿ ਸੁਖ ਜਾਂਈ॥		Jap Thap Sanjam Punn Sabh Homo This Arapo Sabh Sukh Jaanee ||	Chanting, penance, self-control, good deeds and charity - I sacrifice all these in fire; I dedicate all peace and places to Him.	ਹੇ ਵੀਰ! ਮੈਂ ਸਾਰੇ ਜਪ ਸਾਰੇ ਤਪ ਸਾਰੇ ਸੰਜਮ ਸਾਰੇ ਪੁੰਨ ਕੁਰਬਾਨ ਕਰ ਦਿਆਂ, ਸਾਰੇ ਸੁਖਾਂ ਦੇ ਵਸੀਲੇ (ਪਿਆਰੇ ਪ੍ਰਭੂ ਨਾਲ ਮਿਲਣ ਵਾਲੇ ਸੰਤ ਅੱਗੇ) ਭੇਟਾ ਰੱਖ ਦਿਆਂਗੀ।
52047	1207	ਏਕ ਨਿਮਖ ਪ੍ਰਿਅ ਦਰਸੁ ਦਿਖਾਵੈ ਤਿਸੁ ਸੰਤਨ ਕੈ ਬਲਿ ਜਾਂਈ॥੨॥		Eaek Nimakh Pria Dharas Dhikhaavai This Santhan Kai Bal Jaanee ||2||	One who helps me to behold the Blessed Vision of my Beloved, for even an instant - I am a sacrifice to that Saint. ||2||	ਹੇ ਵੀਰ! ਜੇ ਕੋਈ ਅੱਖ ਝਮਕਣ ਜਿਤਨੇ ਸਮੇ ਲਈ ਹੀ ਮੈਨੂੰ ਪਿਆਰੇ ਦਾ ਦਰਸਨ ਕਰਾ ਦੇਵੇ, ਤਾਂ ਮੈਂ ਉਸ ਪਿਆਰੇ ਦੇ ਉਹਨਾਂ ਸੰਤਾਂ ਤੋਂ ਸਦਕੇ ਕੁਰਬਾਨ ਜਾਵਾਂ ॥੨॥
52048	1207	ਕਰਉ ਨਿਹੋਰਾ ਬਹੁਤੁ ਬੇਨਤੀ ਸੇਵਉ ਦਿਨੁ ਰੈਨਾਈ॥		Karo Nihoraa Bahuth Baenathee Saevo Dhin Rainaaee ||	I offer all my prayers and entreaties to him; I serve him, day and night.	ਹੇ ਵੀਰ! ਮੈਂ ਉਸ ਦੇ ਅੱਗੇ ਬਹੁਤ ਤਰਲਾ ਕਰਾਂਗੀ, ਬੇਨਤੀ ਕਰਾਂਗੀ, ਮੈਂ ਦਿਨ ਰਾਤ ਉਸ ਦੀ ਸੇਵਾ ਕਰਾਂਗੀ।
52049	1207	ਮਾਨੁ ਅਭਿਮਾਨੁ ਹਉ ਸਗਲ ਤਿਆਗਉ ਜੋ ਪ੍ਰਿਅ ਬਾਤ ਸੁਨਾਈ॥੩॥		Maan Abhimaan Ho Sagal Thiaago Jo Pria Baath Sunaaee ||3||	I have renounced all pride and egotism; he tells me the stories of my Beloved. ||3||	ਜਿਹੜਾ ਕੋਈ ਸੰਤ ਮੈਨੂੰ ਪਿਆਰੇ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਗੱਲ ਸੁਣਾਏ, ਮੈਂ ਉਸ ਦੇ ਅੱਗੇ ਆਪਣਾ ਸਾਰਾ ਮਾਣ ਅਹੰਕਾਰ ਤਿਆਗ ਦਿਆਂਗੀ ॥੩॥

52050	1207	ਦੇਖਿ ਚਰਿਤ੍ਰ ਭਈ ਹਉ ਬਿਸਮਨਿ ਗੁਰਿ ਸਤਿਗੁਰਿ ਪੁਰਖਿ ਮਿਲਾਈ॥	ਚਰਿਤ੍ਰ: ਪੋਲਾ ਬੋਲੋ ਮਿਲਵਾਂ	Dhaekh Charithr Bhee Ho Bisaman Gur Sathigur Purakh Milaaee ||	I am wonder-struck, gazing upon the wondrous play of God. The Guru, the True Guru, has led me to meet the Primal Lord.	ਮੈਂ ਇਹ ਕੌਤਕ ਵੇਖ ਕੇ ਹੈਰਾਨ ਹੋ ਗਈ ਕਿ ਗੁਰੂ ਨੇ ਸਤਿਗੁਰੂ ਨੇ ਮੈਨੂੰ ਅਕਾਲ ਪੁਰਖ (ਦੇ ਚਰਨਾਂ) ਵਿਚ ਜੋੜ ਦਿੱਤਾ।
52051	1207	ਪ੍ਰਭ ਰੰਗ ਦਇਆਲ ਮੋਹਿ ਗ੍ਰਿਹ ਮਹਿ ਪਾਇਆ ਜਨ ਨਾਨਕ ਤਪਤਿ ਬੁਝਾਈ॥੪॥੧॥੧੫॥		Prabh Rang Dhaeiaal Mohi Grih Mehi Paaeiaa Jan Naanak Thapath Bujhaaee ||4||1||15||	I have found God, my Merciful Loving Lord, within the home of my own heart. O Nanak, the fire within me has been quenched. ||4||1||15||	ਹੇ ਦਾਸ ਨਾਨਕ! ਦਇਆ ਦਾ ਸੋਮਾ ਪਿਆਰ-ਸਰੂਪ ਪਰਮਾਤਮਾ ਮੈਂ ਆਪਣੇ ਹਿਰਦੇ-ਘਰ ਵਿਚ ਹੀ ਲੱਭ ਲਿਆ, (ਤੇ, ਮੇਰੇ ਅੰਦਰੋਂ ਮਾਇਆ ਵਾਲੀ ਸਾਰੀ) ਤਪਸ਼ ਮਿਟ ਗਈ ॥੪॥੧॥੧੫॥
52052	1207	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52053	1207	ਰੇ ਮੂੜੇ ਤੂ ਕਿਉ ਸਿਮਰਤ ਅਬ ਨਾਹੀ॥		Rae Moorrhae Thoo Kio Simarath Ab Naahee ||	You fool, why are you not meditating on the Lord now?	ਹੇ ਮੂਰਖ! ਹੁਣ (ਜਨਮ ਲੈ ਕੇ) ਤੂੰ ਕਿਉਂ ਪਰਮਾਤਮਾ ਦਾ ਨਾਮ ਨਹੀਂ ਸਿਮਰਦਾ?

52054	1207	ਨਰਕ ਘੋਰ ਮਹਿ ਉਰਧ ਤਪੁ ਕਰਤਾ ਨਿਮਖ ਨਿਮਖ ਗੁਣ ਗਾਂਹੀ॥੧॥ਰਹਾਉ॥		Narak Ghor Mehi Ouradhh Thap Karathaa Nimakh Nimakh Gun Gaanhee ||1|| Rehaao ||	In the awful hell of the fire of the womb, you did penance, upside-down; each and every instant, you sang His Glorious Praises. ||1||Pause||	(ਜਦੋਂ) ਤੂੰ ਭਿਆਨਕ ਨਰਕ (ਵਰਗੇ ਮਾਂ ਦੇ ਪੇਟ) ਵਿਚ (ਸੀ ਤਦੋਂ ਤੂੰ) ਪੁੱਠਾ (ਲਟਕਿਆ ਹੋਇਆ) ਤਪ ਕਰਦਾ ਸੀ, (ਉਥੇ ਤੂੰ) ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦਾ ਸੀ ॥੧॥ ਰਹਾਉ ॥
52055	1207	ਅਨਿਕ ਜਨਮ ਭ੍ਰਮਤੌ ਹੀ ਆਇਓ ਮਾਨਸ ਜਨਮੁ ਦੁਲਭਾਹੀ॥	ਦੁ-ਲੱਭਾਹੀ	Anik Janam Bhramatha Hee Aaeiou Maanas Janam Dhulabhaahee ||	You wandered through countless incarnations, until finally you attained this priceless human birth.	ਹੇ ਮੂਰਖ! ਤੂੰ ਅਨੇਕਾਂ ਹੀ ਜਨਮਾਂ ਵਿਚ ਭਟਕਦਾ ਆਇਆ ਹੈਂ। ਹੁਣ ਤੈਨੂੰ ਦੁਰਲੱਭ ਮਨੁੱਖਾ ਜਨਮ ਮਿਲਿਆ ਹੈ।
52056	1207	ਗਰਭ ਜੋਨਿ ਛੋਡਿ ਜਉ ਨਿਕਸਿਓ ਤਉ ਲਾਗੋ ਅਨ ਠਾਂਹੀ॥੧॥		Garabh Jon Shhodd Jo Nikasiou Tho Laago An Thaanhee ||1||	Leaving the womb, you were born, and when you came out, you became attached to other places. ||1||	ਪਰ ਮਾਂ ਦਾ ਪੇਟ ਛੱਡ ਕੇ ਜਦੋਂ ਤੂੰ ਜਗਤ ਵਿਚ ਆ ਗਿਆ, ਤਦੋਂ ਤੂੰ (ਸਿਮਰਨ ਛੱਡ ਕੇ) ਹੋਰ ਹੋਰ ਥਾਈਂ ਰੁੱਝ ਗਿਆ ॥੧॥
52057	1207	ਕਰਹਿ ਬੁਰਾਈ ਠਗਾਈ ਦਿਨੁ ਰੈਨਿ ਨਿਹਫਲ ਕਰਮ ਕਮਾਹੀ॥		Karehi Buraaee Thagaaee Dhin Rain Nihafal Karam Kamaahee ||	You practiced evil and fraud day and night, and did useless deeds.	ਹੇ ਮੂਰਖ! ਤੂੰ ਦਿਨ ਰਾਤ ਬੁਰਾਈਆਂ ਕਰਦਾ ਹੈਂ, ਠੱਗੀਆਂ ਕਰਦਾ ਹੈਂ, ਤੂੰ ਸਦਾ ਉਹੀ ਕੰਮ ਕਰਦਾ ਰਹਿੰਦਾ ਹੈਂ ਜਿਨ੍ਹਾਂ ਤੋਂ ਕੁਝ ਭੀ ਹੱਥ ਨਹੀਂ ਆਉਣਾ।

52058	1207	ਕਣੁ ਨਾਹੀ ਤੁਹ ਗਾਹਣ ਲਾਗੇ ਧਾਇ ਧਾਇ ਦੁਖ ਪਾਂਹੀ॥੨॥		Kan Naahee Thuh Gaahan Laagae Dhhaae Dhhaae Dhukh Paanhee ||2||	You thrash the straw, but it has no wheat; running around and hurrying, you obtain only pain. ||2||	(ਵੇਖ, ਜਿਹੜੇ ਕਿਸਾਨ ਉਹਨਾਂ) ਤੁਹਾਂ ਨੂੰ ਹੀ ਗਾਂਹਦੇ ਰਹਿੰਦੇ ਹਨ ਜਿਨ੍ਹਾਂ ਵਿਚ ਦਾਣੇ ਨਹੀਂ ਹੁੰਦੇ, ਉਹ ਦੌੜ ਦੌੜ ਕੇ ਦੁੱਖ (ਹੀ) ਪਾਂਦੇ ਹਨ ॥੨॥
52059	1207	ਮਿਥਿਆ ਸੰਗਿ ਕੂੜਿ ਲਪਟਾਇਓ ਉਰਝਿ ਪਰਿਓ ਕੁਸਮਾਂਹੀ॥	(ਕੁਸਮਾਂਹੀ) ਕਸੁੰਭੇ ਫੁੱਲ ਵਾਂਗ	Mithhiaa Sang Koorr Lapattaaeiou Ourajh Pariou Kusamaanhee ||	The false person is attached to falsehood; he is entangled with transitory things.	ਹੇ ਕਮਲੇ! ਤੂੰ ਨਾਸਵੰਤ ਮਾਇਆ ਨਾਲ ਨਾਸਵੰਤ ਜਗਤ ਨਾਲ ਚੰਬੜਿਆ ਰਹਿੰਦਾ ਹੈਂ, ਤੂੰ ਕੁਸੁੰਭੇ ਦੇ ਫੁੱਲਾਂ ਨਾਲ ਹੀ ਪਿਆਰ ਪਾਈ ਬੈਠਾ ਹੈਂ।
52060	1207	ਧਰਮਰਾਇ ਜਬ ਪਕਰਸਿ ਬਵਰੇ ਤਉ ਕਾਲ ਮੁਖਾ ਉਠਿ ਜਾਹੀ॥੩॥		Dhharam Raae Jab Pakaras Bavarae Tho Kaal Mukhaa Outh Jaahee ||3||	And when the Righteous Judge of Dharma seizes you, O madman, you shall arise and depart with your face blackened. ||3||	ਜਦੋਂ ਤੈਨੂੰ ਧਰਮ-ਰਾਜ ਆ ਫੜੇਗਾ (ਜਦੋਂ ਮੌਤ ਆ ਗਈ) ਤਦੋਂ (ਭੈੜੇ ਕੰਮਾਂ ਦੀ) ਕਾਲਖ ਹੀ ਮੂੰਹ ਤੇ ਲੈ ਕੇ (ਇਥੋਂ) ਚਲਾ ਜਾਹਿਂਗਾ ॥੩॥
52061	1207	ਸੋ ਮਿਲਿਆ ਜੋ ਪ੍ਰਭੂ ਮਿਲਾਇਆ ਜਿਸੁ ਮਸਤਕਿ ਲੇਖੁ ਲਿਖਾਂਹੀ॥		So Miliaa Jo Prabhoo Milaaeiaa Jis Masathak Laekh Likhaanhee ||	He alone meets with God, whom God Himself meets, by such pre-ordained destiny written on his forehead.	(ਪਰ, ਹੇ ਭਾਈ! ਜੀਵਾਂ ਦੇ ਭੀ ਕੀਹ ਵੱਸ?) ਉਹ ਮਨੁੱਖ (ਹੀ ਪਰਮਾਤਮਾ ਨੂੰ) ਮਿਲਦਾ ਹੈ ਜਿਸ ਮਨੁੱਖ ਨੂੰ ਪਰਮਾਤਮਾ ਆਪ ਮਿਲਾਂਦਾ ਹੈ, ਜਿਸ ਮਨੁੱਖ ਦੇ ਮੱਥੇ ਉਤੇ (ਪ੍ਰਭੂ-ਮਿਲਾਪ ਦੇ) ਲੇਖ ਲਿਖੇ ਹੁੰਦੇ ਹਨ।

52062	1207	ਕਹੁ ਨਾਨਕ ਤਿਨ੍ ਜਨ ਬਲਿਹਾਰੀ ਜੋ ਅਲਿਪ ਰਹੇ ਮਨ ਮਾਂਹੀ॥੪॥੨॥੧੬॥	ਅ-ਲਿਪ: ਪੋਲਾ ਬੋਲੋ	Kahu Naanak Thinh Jan Balihaaree Jo Alip Rehae Man Maanhee ||4||2||16||	Says Nanak, I am a sacrifice to that humble being, who remains unattached within his mind. ||4||2||16||	ਨਾਨਕ ਆਖਦਾ ਹੈ- ਮੈਂ ਉਹਨਾਂ ਮਨੁੱਖਾਂ ਤੋਂ ਕੁਰਬਾਨ ਹਾਂ, ਜਿਹੜੇ (ਪ੍ਰਭੂ-ਮਿਲਾਪ ਦੀ ਬਰਕਤਿ ਨਾਲ) ਮਨ ਵਿਚ (ਮਾਇਆ ਤੋਂ) ਨਿਰਲੇਪ ਰਹਿੰਦੇ ਹਨ ॥੪॥੨॥੧੬॥
52063	1207	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52064	1207	ਕਿਉ ਜੀਵਨੁ ਪ੍ਰੀਤਮ ਬਿਨੁ ਮਾਈ॥		Kio Jeevan Preetham Bin Maaee ||	How can I live without my Beloved, O my mother?	ਹੇ (ਮੇਰੀ) ਮਾਂ! ਉਸ ਪ੍ਰੀਤਮ ਪ੍ਰਭੂ ਦੀ ਯਾਦ ਤੋਂ ਬਿਨਾ ਆਤਮਕ ਜੀਵਨ ਹਾਸਲ ਨਹੀਂ ਹੋ ਸਕਦਾ,
52065	1207	ਜਾ ਕੇ ਬਿਛੁਰਤ ਹੋਤ ਮਿਰਤਕਾ ਗ੍ਰਿਹ ਮਹਿ ਰਹਨੁ ਨ ਪਾਈ॥੧॥ਰਹਾਉ॥		Jaa Kae Bishhurath Hoth Mirathakaa Grih Mehi Rehan N Paaee ||1|| Rehaao ||	Separated from Him, the mortal becomes a corpse, and is not allowed to remain within the house. ||1||Pause||	ਜਿਸ ਪਰਮਾਤਮਾ ਦੀ ਜੋਤਿ ਸਰੀਰ ਤੋਂ ਵਿੱਛੁੜਿਆਂ ਸਰੀਰ ਮੁਰਦਾ ਹੋ ਜਾਂਦਾ ਹੈ, (ਤੇ ਮੁਰਦਾ ਸਰੀਰ) ਘਰ ਵਿਚ ਟਿਕਿਆ ਨਹੀਂ ਰਹਿ ਸਕਦਾ ॥੧॥ ਰਹਾਉ ॥
52066	1207	ਜੀਅ ਹੰੀਅ ਪ੍ਰਾਨ ਕੋ ਦਾਤਾ ਜਾ ਕੈ ਸੰਗਿ ਸੁਹਾਈ॥		Jeea Hanaeea Praan Ko Dhaathaa Jaa Kai Sang Suhaaee ||	He is the Giver of the soul, the heart, the breath of life. Being with Him, we are embellished with joy.	ਜਿਹੜਾ ਪਰਮਾਤਮਾ (ਸਭ ਜੀਵਾਂ ਨੂੰ) ਜਿੰਦ ਦੇਣ ਵਾਲਾ ਹੈ ਹਿਰਦਾ ਦੇਣ ਵਾਲਾ ਹੈ ਪ੍ਰਾਣ ਦੇਣ ਵਾਲਾ ਹੈ, ਤੇ, ਜਿਸ ਦੀ ਸੰਗਤ ਵਿਚ ਹੀ (ਇਹ ਸਰੀਰ) ਸੋਹਣਾ ਲੱਗਦਾ ਹੈ,

52067	1207	ਕਰਹੁ ਕ੍ਰਿਪਾ ਸੰਤਹੁ ਮੋਹਿ ਅਪੁਨੀ ਪ੍ਰਭ ਮੰਗਲ ਗੁਣ ਗਾਈ॥੧॥		Karahu Kirapaa Santhahu Mohi Apunee Prabh Mangal Gun Gaaee ||1||	Please bless me with Your Gace, O Saint, that I may sing the songs of joyful praise to my God. ||1||	ਹੇ ਸੰਤ ਜਨੋ! ਮੇਰੇ ਉਤੇ ਆਪਣੀ ਮਿਹਰ ਕਰੋ, ਮੈਂ ਉਸ ਪਰਮਾਤਮਾ ਦੇ ਗੁਣ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਰਹਾਂ ॥੧॥
52068	1207	ਚਰਨ ਸੰਤਨ ਕੇ ਮਾਥੇ ਮੇਰੇ ਊਪਰਿ ਨੈਨਹੁ ਧੂਰਿ ਬਾਂਛਾਈ॥		Charan Santhan Kae Maathhae Maerae Oopar Nainahu Dhhoor Baanshhaaeanaee ||	I touch my forehead to the feet of the Saints. My eyes long for their dust.	ਹੇ ਮਾਂ! ਮੇਰੀ ਤਾਂਘ ਹੈ ਕਿ ਸੰਤ ਜਨਾਂ ਦੇ ਚਰਨ ਮੇਰੇ ਮੱਥੇ ਉੱਤੇ ਟਿਕੇ ਰਹਿਣ, ਸੰਤ ਜਨਾਂ ਦੇ ਚਰਨਾਂ ਦੀ ਧੂੜ ਮੇਰੀਆਂ ਅੱਖਾਂ ਨੂੰ ਲੱਗਦੀ ਰਹੇ।
52069	1207	ਜਿਹ ਪ੍ਰਸਾਦਿ ਮਿਲੀਐ ਪ੍ਰਭ ਨਾਨਕ ਬਲਿ ਬਲਿ ਤਾ ਕੈ ਹਉ ਜਾਈ॥੨॥੩॥੧੭॥		Jih Prasaadh Mileeai Prabh Naanak Bal Bal Thaa Kai Ho Jaaee ||2||3||17||	By His Grace, we meet God; O Nanak, I am a sacrifice, a sacrifice to Him. ||2||3||17||	ਹੇ ਨਾਨਕ! ਜਿਨ੍ਹਾਂ ਸੰਤ ਜਨਾਂ ਦੀ ਕਿਰਪਾ ਨਾਲ ਪਰਮਾਤਮਾ ਨੂੰ ਮਿਲਿਆ ਜਾ ਸਕਦਾ ਹੈ, ਮੈਂ ਉਹਨਾਂ ਤੋਂ ਸਦਕੇ ਜਾਂਦਾ ਹਾਂ ॥੨॥੩॥੧੭॥
52070	1207	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52071	1207	ਉਆ ਅਉਸਰ ਕੈ ਹਉ ਬਲਿ ਜਾਈ॥		Ouaa Aousar Kai Ho Bal Jaaee ||	I am a sacrifice to that occasion.	ਮੈਂ ਉਸ ਮੌਕੇ ਤੋਂ ਸਦਕੇ ਜਾਂਦਾ ਹਾਂ (ਜਦੋਂ ਮੈਨੂੰ ਸੰਤ ਜਨਾਂ ਦੀ ਸੰਗਤ ਪ੍ਰਾਪਤ ਹੋਈ)।

52072	1207	ਆਠ ਪਹਰ ਅਪਨਾ ਪ੍ਰਭੁ ਸਿਮਰਨੁ ਵਡਭਾਗੀ ਹਰਿ ਪਾਂਈ॥੧॥ਰਹਾਉ॥		Aath Pehar Apanaa Prabh Simaran Vaddabhaagee Har Paanee ||1|| Rehaao ||	Twenty-four hours a day, I meditate in remembrance on my God; by great good fortune, I have found the Lord. ||1||Pause||	(ਹੁਣ ਮੈਨੂੰ) ਅੱਠੇ ਪਹਿਰ ਆਪਣੇ ਪ੍ਰਭੂ ਦਾ ਸਿਮਰਨ (ਮਿਲ ਗਿਆ ਹੈ), ਤੇ, ਵੱਡੇ ਭਾਗਾਂ ਨਾਲ ਮੈਂ ਹਰੀ ਨੂੰ ਲੱਭ ਲਿਆ ਹੈ ॥੧॥ ਰਹਾਉ ॥
52073	1207	ਭਲੋ ਕਬੀਰੁ ਦਾਸੁ ਦਾਸਨ ਕੋ ਊਤਮੁ ਸੈਨੁ ਜਨੁ ਨਾਈ॥	(ਜਨੁ) ਭਗਤ	Bhalo Kabeer Dhaas Dhaasan Ko Ootham Sain Jan Naaee ||	Kabeer is good, the slave of the Lord's slaves; the humble barber Sain is sublime.	ਕਬੀਰ (ਪਰਮਾਤਮਾ ਦੇ) ਦਾਸਾਂ ਦਾ ਦਾਸ ਬਣ ਕੇ ਭਲਾ ਬਣ ਗਿਆ, ਸੈਣ ਨਾਈ ਸੰਤ ਜਨਾਂ ਦਾ ਦਾਸ ਬਣ ਕੇ ਉੱਤਮ ਜੀਵਨ ਵਾਲਾ ਹੋ ਗਿਆ।
52074	1207	ਊਚ ਤੇ ਊਚ ਨਾਮਦੇਉ ਸਮਦਰਸੀ ਰਵਿਦਾਸ ਠਾਕੁਰ ਬਣਿ ਆਈ॥੧॥		Ooch Thae Ooch Naamadhaeo Samadharasee Ravidhaas Thaakur Ban Aaee ||1||	Highest of the high is Naam Dayv, who looked upon all alike; Ravi Daas was in tune with the Lord. ||1||	(ਸੰਤ ਜਨਾਂ ਦੀ ਸੰਗਤ ਨਾਲ) ਨਾਮਦੇਵ ਉੱਚੇ ਤੋਂ ਉੱਚੇ ਜੀਵਨ ਵਾਲਾ ਬਣਿਆ, ਅਤੇ ਸਭ ਵਿਚ ਪਰਮਾਤਮਾ ਦੀ ਜੋਤ ਨੂੰ ਵੇਖਣ ਵਾਲਾ ਬਣ ਗਿਆ, (ਸੰਤ ਜਨਾਂ ਦੀ ਕਿਰਪਾ ਨਾਲ ਹੀ) ਰਵਿਦਾਸ ਦੀ ਪਰਮਾਤਮਾ ਨਾਲ ਪ੍ਰੀਤ ਬਣ ਗਈ ॥੧॥

52075	1207	ਜੀਉ ਪਿੰਡੁ ਤਨੁ ਧਨੁ ਸਾਧਨ ਕਾ ਇਹੁ ਮਨੁ ਸੰਤ ਰੇਨਾਈ॥		Jeeo Pindd Than Dhhan Saadhhan Kaa Eihu Man Santh Raenaaee ||	My soul, body and wealth belong to the Saints; my mind longs for the dust of the Saints.	(ਹੇ ਭਾਈ!) ਮੇਰੀ ਇਹ ਜਿੰਦ, ਮੇਰਾ ਇਹ ਸਰੀਰ, ਇਹ ਤਨ, ਇਹ ਧਨ-ਸਭ ਕੁਝ ਸੰਤ ਜਨਾਂ ਦਾ ਹੋ ਚੁਕਿਆ ਹੈ, ਮੇਰਾ ਇਹ ਮਨ ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣਿਆ ਰਹਿੰਦਾ ਹੈ।
52076	1207	ਸੰਤ ਪ੍ਰਤਾਪਿ ਭਰਮ ਸਭਿ ਨਾਸੇ ਨਾਨਕ ਮਿਲੇ ਗੁਸਾਈ॥੨॥੪॥੧੮॥		Santh Prathaap Bharam Sabh Naasae Naanak Milae Gusaaee ||2||4||18||	And by the radiant Grace of the Saints, all my doubts have been erased. O Nanak, I have met the Lord. ||2||4||18||	ਹੇ ਨਾਨਕ! ਸੰਤ ਜਨਾਂ ਦੇ ਪ੍ਰਤਾਪ ਨਾਲ ਸਾਰੇ ਭਰਮ ਨਾਸ ਹੋ ਜਾਂਦੇ ਹਨ ਅਤੇ ਜਗਤ ਦਾ ਖਸਮ ਪ੍ਰਭੂ ਮਿਲ ਪੈਂਦਾ ਹੈ ॥੨॥੪॥੧੮॥
52077	1207	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52078	1207	ਮਨੋਰਥ ਪੂਰੇ ਸਤਿਗੁਰ ਆਪਿ॥		Manorathh Poorae Sathigur Aap ||	The True Guru fulfills the mind's desires.	(ਸਰਨ ਪਏ ਮਨੁੱਖ ਦੀਆਂ) ਸਾਰੀਆਂ ਲੋੜਾਂ ਗੁਰੂ ਆਪ ਪੂਰੀਆਂ ਕਰਦਾ ਹੈ।
52079	1208	ਸਗਲ ਪਦਾਰਥ ਸਿਮਰਨਿ ਜਾ ਕੈ ਆਠ ਪਹਰ ਮੇਰੇ ਮਨ ਜਾਪਿ॥੧॥ਰਹਾਉ॥		Sagal Padhaarathh Simaran Jaa Kai Aath Pehar Maerae Man Jaap ||1|| Rehaao ||	All wealth and treasures are obtained by remembering Him in meditation; twenty-four hours a day, O my mind, meditate on Him. ||1||Pause||	ਹੇ ਮੇਰੇ ਮਨ! ਜਿਸ ਪਰਮਾਤਮਾ ਦੇ ਸਿਮਰਨ ਦੀ ਬਰਕਤਿ ਨਾਲ ਸਾਰੇ ਪਦਾਰਥ ਮਿਲਦੇ ਹਨ (ਗੁਰੂ ਦੀ ਸਰਨ ਪੈ ਕੇ) ਅੱਠੇ ਪਹਰ ਉਸ ਦਾ ਨਾਮ ਜਪਿਆ ਕਰ ॥੧॥ ਰਹਾਉ ॥

52080	1208	ਅੰਮ੍ਰਿਤ ਨਾਮੁ ਸੁਆਮੀ ਤੇਰਾ ਜੋ ਪੀਵੈ ਤਿਸ ਹੀ ਤ੍ਰਿਪਤਾਸ॥		Anmrith Naam Suaamee Thaeraa Jo Peevai This Hee Thripathaas ||	Your Name is Ambrosial Nectar, O my Lord and Master. Whoever drinks it in is satisfied.	ਹੇ ਮਾਲਕ-ਪ੍ਰਭੂ! ਤੇਰਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ, ਜਿਹੜਾ ਮਨੁੱਖ (ਇਹ ਨਾਮ ਜਲ) ਪੀਂਦਾ ਹੈ, ਉਸ ਨੂੰ ਸ਼ਾਂਤੀ ਮਿਲਦੀ ਹੈ,
52081	1208	ਜਨਮ ਜਨਮ ਕੇ ਕਿਲਬਿਖ ਨਾਸਹਿ ਆਗੈ ਦਰਗਹ ਹੋਇ ਖਲਾਸ॥੧॥		Janam Janam Kae Kilabikh Naasehi Aagai Dharageh Hoe Khalaas ||1||	The sins of countless incarnations are erased, and hereafter, he shall be saved and redeemed in the Court of the Lord. ||1||	ਉਸ ਦੇ ਅਨੇਕਾਂ ਜਨਮਾਂ ਦੇ ਪਾਪ ਨਾਸ ਹੋ ਜਾਂਦੇ ਹਨ, ਅਗਾਂਹ (ਤੇਰੀ) ਹਜ਼ੂਰੀ ਵਿਚ ਉਸ ਨੂੰ ਸੁਰਖ਼ਰੋਈ ਹਾਸਲ ਹੁੰਦੀ ਹੈ ॥੧॥
52082	1208	ਸਰਨਿ ਤੁਮਾਰੀ ਆਇਓ ਕਰਤੇ ਪਾਰਬ੍ਰਹਮ ਪੂਰਨ ਅਬਿਨਾਸ॥		Saran Thumaaree Aaeiou Karathae Paarabreham Pooran Abinaas ||	I have come to Your Sanctuary, O Creator, O Perfect Supreme Eternal Lord God.	ਹੇ ਕਰਤਾਰ! ਹੇ ਪਾਰਬ੍ਰਹਮ! ਹੇ ਸਰਬ-ਵਿਆਪਕ! ਹੇ ਨਾਸ-ਰਹਿਤ! ਮੈਂ ਤੇਰੀ ਸਰਨ ਆਇਆ ਹਾਂ।
52083	1208	ਕਰਿ ਕਿਰਪਾ ਤੇਰੇ ਚਰਨ ਧਿਆਵਉ ਨਾਨਕ ਮਨਿ ਤਨਿ ਦਰਸ ਪਿਆਸ॥੨॥੫॥੧੯॥		Kar Kirapaa Thaerae Charan Dhhiaavo Naanak Man Than Dharas Piaas ||2||5||19||	Please be kind to me, that I may meditate on Your Lotus Feet. O Nanak, my mind and body thirst for the Blessed Vision of Your Darshan. ||2||5||19||	ਮਿਹਰ ਕਰ, ਮੈਂ (ਸਦਾ) ਤੇਰੇ ਚਰਨਾਂ ਦਾ ਧਿਆਨ ਧਰਦਾ ਰਹਾਂ, ਮੈਂ ਨਾਨਕ ਦੇ ਮਨ ਵਿਚ ਹਿਰਦੇ ਵਿਚ (ਤੇਰੇ) ਦਰਸਨ ਦੀ ਤਾਂਘ ਹੈ ॥੨॥੫॥੧੯॥

52084	1208	ਸਾਰਗ ਮਹਲਾ ੫ ਘਰੁ ੩		Saarag Mehalaa 5 Ghar 3	Saarang, Fifth Mehl, Third House:	ਰਾਗ ਸਾਰੰਗ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
52085	1208	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
52086	1208	ਮਨ ਕਹਾ ਲੁਭਾਈਐ ਆਨ ਕਉ॥		Man Kehaa Lubhaaeeai Aan Ko ||	O my mind, why are you lured away by otherness?	ਹੇ ਮਨ! ਹੋਰ ਹੋਰ ਪਦਾਰਥਾਂ ਦੀ ਖ਼ਾਤਰ ਲੋਭ ਵਿਚ ਨਹੀਂ ਫਸਣਾ ਚਾਹੀਦਾ।
52087	1208	ਈਤ ਊਤ ਪ੍ਰਭੁ ਸਦਾ ਸਹਾਈ ਜੀਅ ਸੰਗਿ ਤੇਰੇ ਕਾਮ ਕਉ॥੧॥ਰਹਾਉ॥		Eeth Ooth Prabh Sadhaa Sehaaee Jeea Sang Thaerae Kaam Ko ||1|| Rehaao ||	Here and hereafter, God is forever your Help and Support. He is your soul-mate; He will help you succeed. ||1||Pause||	ਇਸ ਲੋਕ ਵਿਚ ਅਤੇ ਪਰਲੋਕ ਵਿਚ ਪਰਮਾਤਮਾ (ਹੀ) ਸਦਾ ਸਹਾਇਤਾ ਕਰਨ ਵਾਲਾ ਹੈ, ਤੇ, ਜਿੰਦ ਦੇ ਨਾਲ ਰਹਿਣ ਵਾਲਾ ਹੈ। ਹੇ ਮਨ! ਉਹ ਪ੍ਰਭੂ ਹੀ ਤੇਰੇ ਕੰਮ ਆਉਣ ਵਾਲਾ ਹੈ ॥੧॥ ਰਹਾਉ ॥
52088	1208	ਅੰਮ੍ਰਿਤ ਨਾਮੁ ਪ੍ਰਿਅ ਪ੍ਰੀਤਿ ਮਨੋਹਰ ਇਹੈ ਅਘਾਵਨ ਪਾਂਨ ਕਉ॥		Anmrith Naam Pria Preeth Manohar Eihai Aghaavan Paann Ko ||	The Name of your Beloved Lover, the Fascinating Lord, is Ambrosial Nectar. Drinking it in, you shall find satisfaction.	ਮਨ ਨੂੰ ਮੋਹਣ ਵਾਲੇ ਪਿਆਰੇ ਪ੍ਰਭੂ ਦੀ ਪ੍ਰੀਤਿ, ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਜਲ-ਇਹ ਹੀ ਪੀਣਾ ਤ੍ਰਿਪਤੀ ਦੇਣ ਵਾਸਤੇ ਹੈ।

52089	1208	ਅਕਾਲ ਮੂਰਤਿ ਹੈ ਸਾਧ ਸੰਤਨ ਕੀ ਠਾਹਰ ਨੀਕੀ ਧਿਆਨ ਕਉ॥੧॥		Akaal Moorath Hai Saadhh Santhan Kee Thaahar Neekee Dhhiaan Ko ||1||	The Being of Immortal Manifestation is found in the Saadh Sangat, the Company of the Holy. Meditate on Him in that most sublime place. ||1||	ਅਕਾਲ-ਮੂਰਤਿ ਪ੍ਰਭੂ ਦਾ ਧਿਆਨ ਧਰਨ ਵਾਸਤੇ ਸਾਧ ਸੰਗਤ ਹੀ ਸੋਹਣੀ ਥਾਂ ਹੈ ॥੧॥
52090	1208	ਬਾਣੀ ਮੰਤ੍ਰੁ ਮਹਾਪੁਰਖਨ ਕੀ ਮਨਹਿ ਉਤਾਰਨ ਮਾਂਨ ਕਉ॥		Baanee Manthra Mehaa Purakhan Kee Manehi Outhaaran Maann Ko ||	The Bani, the Word of the Supreme Lord God, is the greatest Mantra of all. It eradicates pride from the mind.	ਮਹਾਂ ਪੁਰਖਾਂ ਦੀ ਬਾਣੀ, ਮਹਾਂ ਪੁਰਖਾਂ ਦਾ ਉਪਦੇਸ਼ ਹੀ ਮਨ ਦਾ ਮਾਣ ਦੂਰ ਕਰਨ ਲਈ ਸਮਰਥ ਹੈ।
52091	1208	ਖੋਜਿ ਲਹਿਓ ਨਾਨਕ ਸੁਖ ਥਾਨਾਂ ਹਰਿ ਨਾਮਾ ਬਿਸ੍ਰਾਮ ਕਉ॥੨॥੧॥੨੦॥		Khoj Lehiou Naanak Sukh Thhaanaan Har Naamaa Bisraam Ko ||2||1||20||	Searching, Nanak found the home of peace and bliss in the Name of the Lord. ||2||1||20||	ਹੇ ਨਾਨਕ! ਆਤਮਕ ਸ਼ਾਂਤੀ ਵਾਸਤੇ ਪਰਮਾਤਮਾ ਦਾ ਨਾਮ ਹੀ ਸੁਖਾਂ ਦਾ ਥਾਂ ਹੈ (ਇਹ ਥਾਂ ਸਾਧ ਸੰਗਤ ਵਿਚ) ਖੋਜ ਕੀਤਿਆਂ ਲੱਭਦੀ ਹੈ ॥੨॥੧॥੨੦॥
52092	1208	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52093	1208	ਮਨ ਸਦਾ ਮੰਗਲ ਗੋਬਿੰਦ ਗਾਇ॥		Man Sadhaa Mangal Gobindh Gaae ||	O my mind, sing forever the Songs of Joy of the Lord of the Universe.	ਹੇ (ਮੇਰੇ) ਮਨ! ਸਦਾ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਇਆ ਕਰ।

52094	1208	ਰੋਗ ਸੋਗ ਤੇਰੇ ਮਿਟਹਿ ਸਗਲ ਅਘ ਨਿਮਖ ਹੀਐ ਹਰਿ ਨਾਮੁ ਧਿਆਇ॥੧॥ਰਹਾਉ ॥		Rog Sog Thaerae Mittehi Sagal Agh Nimakh Heeai Har Naam Dhhiaae ||1|| Rehaao ||	All your disease, sorrow and sin will be erased, if you meditate on the Lord's Name, even for an instant. ||1||Pause||	ਜੇ ਤੂੰ ਅੱਖ ਝਮਕਣ ਜਿਤਨੇ ਸਮੇ ਲਈ ਹਿਰਦੇ ਵਿਚ ਹਰੀ ਦਾ ਨਾਮ ਸਿਮਰੇਂ, ਤਾਂ ਤੇਰੇ ਸਾਰੇ ਰੋਗ ਸਾਰੇ ਚਿੰਤਾ-ਫ਼ਿਕਰ ਸਾਰੇ ਪਾਪ ਦੂਰ ਹੋ ਜਾਣ ॥੧॥ ਰਹਾਉ ॥
52095	1208	ਛੋਡਿ ਸਿਆਨਪ ਬਹੁ ਚਤੁਰਾਈ ਸਾਧੂ ਸਰਣੀ ਜਾਇ ਪਾਇ॥		Shhodd Siaanap Bahu Chathuraaee Saadhhoo Saranee Jaae Paae ||	Abandon all your clever tricks; go and enter the Sanctuary of the Holy.	ਆਪਣੀ ਬਹੁਤ ਸਿਆਪਣ ਚਤੁਰਾਈ ਛੱਡ ਕੇ (ਇਹ ਖ਼ਿਆਲ ਦੂਰ ਕਰ ਕੇ ਕਿ ਤੂੰ ਬੜਾ ਸਿਆਣਾ ਤੇ ਅਕਲ ਵਾਲਾ ਹੈਂ) ਗੁਰੂ ਦੀ ਸਰਨ ਜਾ ਪਉ।
52096	1208	ਜਉ ਹੋਇ ਕ੍ਰਿਪਾਲੁ ਦੀਨ ਦੁਖਭੰਜਨ ਜਮ ਤੇ ਹੋਵੈ ਧਰਮਰਾਇ॥੧॥		Jo Hoe Kirapaal Dheen Dhukh Bhanjan Jam Thae Hovai Dhharam Raae ||1||	When the Lord, the Destroyer of the pains of the poor becomes merciful, the Messenger of Death is changed into the Righteous Judge of Dharma. ||1||	ਜਦੋਂ ਗਰੀਬਾਂ ਦੇ ਦੁੱਖ ਨਾਸ ਕਰਨ ਵਾਲਾ ਪ੍ਰਭੂ (ਕਿਸੇ ਉਤੇ) ਦਇਆਵਾਨ ਹੁੰਦਾ ਹੈ, ਤਾਂ (ਉਸ ਮਨੁੱਖ ਵਾਸਤੇ) ਜਮਰਾਜ ਤੋਂ ਧਰਮਰਾਜ ਬਣ ਜਾਂਦਾ ਹੈ (ਪਰਲੋਕ ਵਿਚ ਮਨੁੱਖ ਨੂੰ ਜਮਾਂ ਦਾ ਕੋਈ ਡਰ ਨਹੀਂ ਰਹਿ ਜਾਂਦਾ) ॥੧॥
52097	1208	ਏਕਸ ਬਿਨੁ ਨਾਹੀ ਕੋ ਦੂਜਾ ਆਨ ਨ ਬੀਓ ਲਵੈ ਲਾਇ॥		Eaekas Bin Naahee Ko Dhoojaa Aan N Beeou Lavai Laae ||	Without the One Lord, there is no other at all. No one else can equal Him.	ਇਕ ਪਰਮਾਤਮਾ ਤੋਂ ਬਿਨਾ ਕੋਈ ਹੋਰ (ਅਸਾਂ ਜੀਵਾਂ ਦਾ ਰਾਖਾ) ਨਹੀਂ ਹੈ, ਕੋਈ ਹੋਰ ਦੂਜਾ ਉਸ ਪਰਮਾਤਮਾ ਦੀ ਬਰਾਬਰੀ ਨਹੀਂ ਕਰ ਸਕਦਾ।

52098	1208	ਮਾਤ ਪਿਤਾ ਭਾਈ ਨਾਨਕ ਕੋ ਸੁਖਦਾਤਾ ਹਰਿ ਪ੍ਰਾਨ ਸਾਇ॥੨॥੨॥੨੧॥	(ਸਾਇ) ਮਾਲਕ	Maath Pithaa Bhaaee Naanak Ko Sukhadhaathaa Har Praan Saae ||2||2||21||	The Lord is Nanak's Mother, Father and Sibling, the Giver of Peace, his Breath of Life. ||2||2||21||	ਨਾਨਕ ਦਾ ਤਾਂ ਉਹ ਪਰਮਾਤਮਾ ਹੀ ਮਾਂ ਪਿਉ ਭਰਾ ਤੇ ਪ੍ਰਾਣਾਂ ਨੂੰ ਸੁਖ ਦੇਣ ਵਾਲਾ ਹੈ ॥੨॥੨॥੨੧॥
52099	1208	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52100	1208	ਹਰਿ ਜਨ ਸਗਲ ਉਧਾਰੇ ਸੰਗ ਕੇ॥		Har Jan Sagal Oudhhaarae Sang Kae ||	The Lord's humble servant saves those who accompany him.	ਪਰਮਾਤਮਾ ਦੇ ਸੰਤ ਜਨ (ਆਪਣੇ) ਨਾਲ ਬੈਠਣ ਵਾਲੇ ਸਾਰਿਆਂ ਨੂੰ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦੇ ਹਨ।
52101	1208	ਭਏ ਪੁਨੀਤ ਪਵਿਤ੍ਰ ਮਨ ਜਨਮ ਜਨਮ ਕੇ ਦੁਖ ਹਰੇ॥੧॥ਰਹਾਉ॥		Bheae Puneeth Pavithr Man Janam Janam Kae Dhukh Harae ||1|| Rehaao ||	Their minds are sanctified and rendered pure, and they are rid of the pains of countless incarnations. ||1||Pause||	(ਸੰਤ ਜਨਾਂ ਦੇ ਨਾਲ ਸੰਗਤ ਕਰਨ ਵਾਲੇ ਮਨੁੱਖ) ਪਵਿਤੱਰ ਮਨ ਵਾਲੇ ਉੱਚੇ ਜੀਵਨ ਵਾਲੇ ਬਣ ਜਾਂਦੇ ਹਨ, ਉਹਨਾਂ ਦੇ ਅਨੇਕਾਂ ਜਨਮਾਂ ਦੇ ਦੁੱਖ ਦੂਰ ਹੋ ਜਾਂਦੇ ਹਨ ॥੧॥ ਰਹਾਉ ॥

52102	1208	ਮਾਰਗਿ ਚਲੇ ਤਿਨ੍ਹੀ ਸੁਖੁ ਪਾਇਆ ਜਿਨ੍ ਸਿਉ ਗੋਸਟਿ ਸੇ ਤਰੇ॥		Maarag Chalae Thinhee Sukh Paaeiaa Jinh Sio Gosatt Sae Tharae ||	Those who walk on the path find peace; they are saved, along with those who speak with them.	ਜਿਹੜੇ ਮਨੁੱਖ (ਸਾਧ ਸੰਗਤ ਦੇ) ਰਸਤੇ ਉਤੇ ਤੁਰਦੇ ਹਨ, ਉਹ ਸੁਖ-ਆਨੰਦ ਮਾਣਦੇ ਹਨ, ਜਿਨ੍ਹਾਂ ਨਾਲ ਸੰਤ ਜਨਾਂ ਦਾ ਬਹਿਣ-ਖਲੋਣ ਹੋ ਜਾਂਦਾ ਹੈ ਉਹ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ।
52103	1208	ਬੂਡਤ ਘੋਰ ਅੰਧ ਕੂਪ ਮਹਿ ਤੇ ਸਾਧੂਸੰਗਿ ਪਾਰਿ ਪਰੇ॥੧॥		Booddath Ghor Andhh Koop Mehi Thae Saadhhoo Sang Paar Parae ||1||	Even those who are drowning in the horrible, deep dark pit are carried across in the Saadh Sangat, the Company of the Holy. ||1||	ਜਿਹੜੇ ਮਨੁੱਖ (ਮਾਇਆ ਦੇ ਮੋਹ ਦੇ) ਘੁੱਪ ਹਨੇਰੇ ਖੂਹ ਵਿਚ ਡੁੱਬੇ ਰਹਿੰਦੇ ਹਨ, ਉਹ ਭੀ ਸਾਧ ਸੰਗਤ ਦੀ ਬਰਕਤਿ ਨਾਲ ਪਾਰ ਲੰਘ ਜਾਂਦੇ ਹਨ ॥੧॥
52104	1208	ਜਿਨ੍ ਕੇ ਭਾਗ ਬਡੇ ਹੈ ਭਾਈ ਤਿਨ੍ ਸਾਧੂਸੰਗਿ ਮੁਖ ਜੁਰੇ॥		Jinh Kae Bhaag Baddae Hai Bhaaee Thinh Saadhhoo Sang Mukh Jurae ||	Those who have such high destiny turn their faces toward the Saadh Sangat.	ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਵੱਡੇ ਭਾਗ (ਜਾਗਦੇ) ਹਨ, ਉਹਨਾਂ ਦੇ ਮੂੰਹ ਸਾਧ ਸੰਗਤ ਵਿਚ ਜੁੜਦੇ ਹਨ (ਉਹ ਮਨੁੱਖ ਸਾਧ ਸੰਗਤ ਵਿਚ ਸਤਸੰਗੀਆਂ ਨਾਲ ਮਿਲਦੇ ਹਨ)।
52105	1208	ਤਿਨ੍ ਕੀ ਧੂਰਿ ਬਾਂਛੈ ਨਿਤ ਨਾਨਕੁ ਪ੍ਰਭੁ ਮੇਰਾ ਕਿਰਪਾ ਕਰੇ॥੨॥੩॥੨੨॥		Thinh Kee Dhhoor Baanshhai Nith Naanak Prabh Maeraa Kirapaa Karae ||2||3||22||	Nanak longs for the dust of their feet; O God, please shower Your Mercy on me! ||2||3||22||	ਨਾਨਕ ਉਹਨਾਂ ਦੇ ਚਰਨਾਂ ਦੀ ਧੂੜ ਸਦਾ ਮੰਗਦਾ ਹੈ (ਪਰ ਇਹ ਤਦੋਂ ਹੀ ਮਿਲ ਸਕਦੀ ਹੈ, ਜੇ) ਮੇਰਾ ਪ੍ਰਭੂ ਮਿਹਰ ਕਰੇ ॥੨॥੩॥੨੨॥

52106	1208	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52107	1208	ਹਰਿ ਜਨ ਰਾਮ ਰਾਮ ਰਾਮ ਧਿਆਂਏ॥		Har Jan Raam Raam Raam Dhhiaaaneae ||	The humble servant of the Lord meditates on the Lord, Raam, Raam, Raam.	ਪਰਮਾਤਮਾ ਦੇ ਭਗਤ ਸਦਾ ਹੀ ਪਰਮਾਤਮਾ ਦਾ ਨਾਮ ਸਿਮਰਦੇ ਹਨ।
52108	1208	ਏਕ ਪਲਕ ਸੁਖ ਸਾਧ ਸਮਾਗਮ ਕੋਟਿ ਬੈਕੁੰਠਹ ਪਾਂਏ॥੧॥ਰਹਾਉ॥		Eaek Palak Sukh Saadhh Samaagam Kott Baikuntheh Paaneae ||1|| Rehaao ||	One who enjoys peace in the Company of the Holy, even for an instant, obtains millions of heavenly paradises. ||1||Pause||	ਸਾਧ ਸੰਗਤ ਦੇ ਇਕ ਪਲ ਭਰ ਦੇ ਸੁਖ (ਨੂੰ ਉਹ ਇਉਂ ਸਮਝਦੇ ਹਨ ਕਿ) ਕ੍ਰੋੜਾਂ ਬੈਕੁੰਠ ਹਾਸਲ ਕਰ ਲਏ ਹਨ ॥੧॥ ਰਹਾਉ ॥
52109	1208	ਦੁਲਭ ਦੇਹ ਜਪਿ ਹੋਤ ਪੁਨੀਤਾ ਜਮ ਕੀ ਤ੍ਰਾਸ ਨਿਵਾਰੈ॥	ਦੁ-ਲਭ	Dhulabh Dhaeh Jap Hoth Puneethaa Jam Kee Thraas Nivaarai ||	This human body, so difficult to obtain, is sanctified by meditating on the Lord. It takes away the fear of death.	ਨਾਮ ਜਪ ਕੇ ਉਸ ਦਾ ਦੁਰਲੱਭ ਮਨੁੱਖਾ ਸਰੀਰ ਪਵਿੱਤਰ ਹੋ ਜਾਂਦਾ ਹੈ, (ਨਾਮ ਉਸ ਦੇ ਅੰਦਰੋਂ) ਜਮਾਂ ਦਾ ਡਰ ਦੂਰ ਕਰ ਦੇਂਦਾ ਹੈ।
52110	1208	ਮਹਾ ਪਤਿਤ ਕੇ ਪਾਤਿਕ ਉਤਰਹਿ ਹਰਿ ਨਾਮਾ ਉਰਿ ਧਾਰੈ॥੧॥	ਉੱਤਰ-ਹਿ	Mehaa Pathith Kae Paathik Outharehi Har Naamaa Our Dhhaarai ||1||	Even the sins of terrible sinners are washed away, by cherishing the Lord's Name within the heart. ||1||	ਜਿਹੜਾ ਮਨੁੱਖ ਪਰਮਾਤਮਾ ਦਾ ਨਾਮ (ਆਪਣੇ) ਹਿਰਦੇ ਵਿਚ ਵਸਾਂਦਾ ਹੈ, ਨਾਮ ਦੀ ਬਰਕਤਿ ਨਾਲ ਵੱਡੇ ਵੱਡੇ ਵਿਕਾਰੀਆਂ ਦੇ ਪਾਪ ਲਹਿ ਜਾਂਦੇ ਹਨ ॥੧॥

52111	1208	ਜੋ ਜੋ ਸੁਨੈ ਰਾਮ ਜਸੁ ਨਿਰਮਲ ਤਾ ਕਾ ਜਨਮ ਮਰਣ ਦੁਖੁ ਨਾਸਾ॥		Jo Jo Sunai Raam Jas Niramal Thaa Kaa Janam Maran Dhukh Naasaa ||	Whoever listens to the Immaculate Praises of the Lord - his pains of birth and death are dispelled.	ਜਿਹੜਾ ਜਿਹੜਾ ਮਨੁੱਖ ਪਰਮਾਤਮਾ ਦੀ ਪਵਿੱਤਰ ਸਿਫ਼ਤ-ਸਾਲਾਹ ਸੁਣਦਾ ਹੈ, ਉਸ ਦਾ ਸਾਰੀ ਉਮਰ ਦਾ ਦੁੱਖ ਨਾਸ ਹੋ ਜਾਂਦਾ ਹੈ।
52112	1208	ਕਹੁ ਨਾਨਕ ਪਾਈਐ ਵਡਭਾਗੀ ਮਨ ਤਨ ਹੋਇ ਬਿਗਾਸਾ॥੨॥੪॥੨੩॥		Kahu Naanak Paaeeai Vaddabhaaganaee Man Than Hoe Bigaasaa ||2||4||23||	Says Nanak, the Lord is found by great good fortune, and then the mind and body blossom forth. ||2||4||23||	ਨਾਨਕ ਆਖਦਾ ਹੈ- (ਇਹ ਸਿਫ਼ਤ-ਸਾਲਾਹ) ਵੱਡੇ ਭਾਗਾਂ ਨਾਲ ਮਿਲਦੀ ਹੈ (ਜਿਨ੍ਹਾਂ ਨੂੰ ਮਿਲਦੀ ਹੈ ਉਹਨਾਂ ਦੇ) ਮਨਾਂ ਵਿਚ ਤਨਾਂ ਵਿਚ ਖਿੜਾਉ ਪੈਦਾ ਹੋ ਜਾਂਦਾ ਹੈ ॥੨॥੪॥੨੩॥
52113	1209	ਸਾਰਗ ਮਹਲਾ ੫ ਦੁਪਦੇ ਘਰੁ ੪		Saarag Mehalaa 5 Dhupadhae Ghar 4	Saarang, Fifth Mehl, Du-Padas, Fourth House:	ਰਾਗ ਸਾਰੰਗ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
52114	1209	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
52115	1209	ਮੋਹਨ ਘਰਿ ਆਵਹੁ ਕਰਉ ਜੋਦਰੀਆ॥	(ਜੋ-ਦਰੀਆ) ਪ੍ਰੇਮ ਬੇਨਤੀਆਂ, ਮਿੰਨਤਾਂ	Mohan Ghar Aavahu Karo Jodhareeaa ||	O my Fascinating Lord, I pray to You: come into my house.	ਹੇ ਮੋਹਨ-ਪ੍ਰਭੂ! ਮੈਂ ਮਿੰਨਤ ਕਰਦੀ ਹਾਂ ਮੇਰੇ ਹਿਰਦੇ-ਘਰ ਵਿਚ ਆ ਵੱਸ।

52116	1209	ਮਾਨੁ ਕਰਉ ਅਭਿਮਾਨੈ ਬੋਲਉ ਭੂਲ ਚੂਕ ਤੇਰੀ ਪ੍ਰਿਅ ਚਿਰੀਆ॥੧॥ਰਹਾਉ ॥		Maan Karo Abhimaanai Bolo Bhool Chook Thaeree Pria Chireeaa ||1|| Rehaao ||	I act in pride, and speak in pride. I am mistaken and wrong, but I am still Your hand-maiden, O my Beloved. ||1||Pause||	ਹੇ ਮੋਹਨ! ਮੈਂ (ਸਦਾ) ਮਾਣ ਕਰਦੀ ਰਹਿੰਦੀ ਹਾਂ, ਮੈਂ (ਸਦਾ) ਅਹੰਕਾਰ ਨਾਲ ਗੱਲਾਂ ਕਰਦੀ ਹਾਂ, ਮੈਂ ਬਥੇਰੀਆਂ ਭੁੱਲਾਂ-ਚੁੱਕਾਂ ਕਰਦੀ ਹਾਂ, (ਫਿਰ ਭੀ) ਹੇ ਪਿਆਰੇ! ਮੈਂ ਤੇਰੀ (ਹੀ) ਦਾਸੀ ਹਾਂ ॥੧॥ ਰਹਾਉ ॥
52117	1209	ਨਿਕਟਿ ਸੁਨਉ ਅਰੁ ਪੇਖਉ ਨਾਹੀ ਭਰਮਿ ਭਰਮਿ ਦੁਖ ਭਰੀਆ॥		Nikatt Suno Ar Paekho Naahee Bharam Bharam Dhukh Bhareeaa ||	I hear that You are near, but I cannot see You. I wander in suffering, deluded by doubt.	ਹੇ ਮੋਹਨ! ਮੈਂ ਸੁਣਦੀ ਹਾਂ (ਤੂੰ) ਨੇੜੇ (ਵੱਸਦਾ ਹੈਂ), ਪਰ ਮੈਂ (ਤੈਨੂੰ) ਵੇਖ ਨਹੀਂ ਸਕਦੀ। ਸਦਾ ਭਟਕ ਭਟਕ ਕੇ ਮੈਂ ਦੁੱਖਾਂ ਵਿਚ ਫਸੀ ਰਹਿੰਦੀ ਹਾਂ।
52118	1209	ਹੋਇ ਕ੍ਰਿਪਾਲ ਗੁਰ ਲਾਹਿ ਪਾਰਦੋ ਮਿਲਉ ਲਾਲ ਮਨੁ ਹਰੀਆ॥੧॥		Hoe Kirapaal Gur Laahi Paaradho Milo Laal Man Hareeaa ||1||	The Guru has become merciful to me; He has removed the veils. Meeting with my Beloved, my mind blossoms forth in abundance. ||1||	ਹੇ ਗੁਰੂ! ਜੇ ਤੂੰ ਦਇਆਵਾਨ ਹੋ ਕੇ (ਮੇਰੇ ਅੰਦਰੋਂ ਮਾਇਆ ਦੇ ਮੋਹ ਦਾ) ਪਰਦਾ ਦੂਰ ਕਰ ਦੇਵੇਂ, ਮੈਂ (ਸੋਹਣੇ) ਲਾਲ (ਪ੍ਰਭੂ) ਨੂੰ ਮਿਲ ਪਵਾਂ, ਤੇ, ਮੇਰਾ ਮਨ (ਆਤਮਕ ਜੀਵਨ ਨਾਲ) ਹਰ-ਭਰਾ ਹੋ ਜਾਏ ॥੧॥
52119	1209	ਏਕ ਨਿਮਖ ਜੇ ਬਿਸਰੈ ਸੁਆਮੀ ਜਾਨਉ ਕੋਟਿ ਦਿਨਸ ਲਖ ਬਰੀਆ॥	ਲੱਖ	Eaek Nimakh Jae Bisarai Suaamee Jaano Kott Dhinas Lakh Bareeaa ||	If I were to forget my Lord and Master, even for an instant, it would be like millions of days, tens of thousands of years.	ਜੇ ਅੱਖ ਝਮਕਣ ਜਿਤਨੇ ਸਮੇ ਲਈ ਭੀ ਮਾਲਕ-ਪ੍ਰਭੂ (ਮਨ ਤੋਂ) ਭੁੱਲ ਜਾਏ, ਤਾਂ ਮੈਂ ਇਉਂ ਸਮਝਦੀ ਹਾਂ ਕਿ ਕ੍ਰੋੜਾਂ ਦਿਨ ਲੱਖਾਂ ਵਰ੍ਹੇ ਲੰਘ ਗਏ ਹਨ।

52120	1209	ਸਾਧਸੰਗਤਿ ਕੀ ਭੀਰ ਜਉ ਪਾਈ ਤਉ ਨਾਨਕ ਹਰਿ ਸੰਗਿ ਮਿਰੀਆ॥੨॥੧॥੨੪॥		Saadhhasangath Kee Bheer Jo Paaee Tho Naanak Har Sang Mireeaa ||2||1||24||	When I joined the Saadh Sangat, the Company of the Holy, O Nanak, I met my Lord. ||2||1||24||	ਹੇ ਨਾਨਕ! ਜਦੋਂ ਮੈਨੂੰ ਸਾਧ ਸੰਗਤ ਦਾ ਸਮਾਗਮ ਪ੍ਰਾਪਤ ਹੋਇਆ, ਤਦੋਂ ਪਰਮਾਤਮਾ ਨਾਲ ਮੇਲ ਹੋ ਗਿਆ ॥੨॥੧॥੨੪॥
52121	1209	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52122	1209	ਅਬ ਕਿਆ ਸੋਚਉ ਸੋਚ ਬਿਸਾਰੀ॥		Ab Kiaa Socho Soch Bisaaree ||	Now what should I think? I have given up thinking.	(ਤੇਰੇ ਨਾਮ ਦੀ ਬਰਕਤਿ ਨਾਲ) ਹੁਣ ਮੈਂ ਹੋਰ ਹੋਰ ਕਿਹੜੀਆਂ ਸੋਚਾਂ ਸੋਚਾਂ? ਮੈਂ ਹਰੇਕ ਸੋਚ ਵਿਸਾਰ ਦਿੱਤੀ ਹੈ।
52123	1209	ਕਰਣਾ ਸਾ ਸੋਈ ਕਰਿ ਰਹਿਆ ਦੇਹਿ ਨਾਉ ਬਲਿਹਾਰੀ॥੧॥ਰਹਾਉ॥		Karanaa Saa Soee Kar Rehiaa Dhaehi Naao Balihaaree ||1|| Rehaao ||	You do whatever You wish to do. Please bless me with Your Name - I am a sacrifice to You. ||1||Pause||	(ਉਸ ਦੇ ਨਾਮ ਦਾ ਸਦਕਾ ਹੁਣ ਮੈਨੂੰ ਯਕੀਨ ਬਣ ਗਿਆ ਹੈ ਕਿ) ਜੋ ਕੁਝ ਕਰਨਾ ਚਾਹੁੰਦਾ ਹੈ ਉਹੀ ਕੁਝ ਉਹ ਕਰ ਰਿਹਾ ਹੈ। ਹੇ ਪ੍ਰਭੂ! ਮੈਨੂੰ ਆਪਣਾ ਨਾਮ ਬਖ਼ਸ਼, ਮੈਂ ਕੁਰਬਾਨ ਜਾਂਦਾ ਹਾਂ ॥੧॥ ਰਹਾਉ ॥

52124	1209	ਚਹੁ ਦਿਸ ਫੂਲਿ ਰਹੀ ਬਿਖਿਆ ਬਿਖੁ ਗੁਰ ਮੰਤ੍ਰੁ ਮੂਖਿ ਗਰੁੜਾਰੀ॥		Chahu Dhis Fool Rehee Bikhiaa Bikh Gur Manthra Mookh Garurraaree ||	The poison of corruption is flowering forth in the four directions; I have taken the GurMantra as my antidote.	ਸਾਰੇ ਜਗਤ ਵਿਚ ਮਾਇਆ (ਸਪਣੀ) ਦੀ ਜ਼ਹਰ ਵਧ-ਫੁੱਲ ਰਹੀ ਹੈ (ਇਸ ਤੋਂ ਉਹੀ ਬਚਦਾ ਹੈ ਜਿਸ ਦੇ) ਮੂੰਹ ਵਿਚ ਗੁਰੂ ਦਾ ਉਪਦੇਸ਼ ਗਰੁੜ-ਮੰਤ੍ਰ ਹੈ।
52125	1209	ਹਾਥ ਦੇਇ ਰਾਖਿਓ ਕਰਿ ਅਪੁਨਾ ਜਿਉ ਜਲ ਕਮਲਾ ਅਲਿਪਾਰੀ॥੧॥	(ਅਲਿ-ਪਾਰੀ) ਨਿਰਲੇਪ	Haathh Dhaee Raakhiou Kar Apunaa Jio Jal Kamalaa Alipaaree ||1||	Giving me His Hand, He has saved me as His Own; like the lotus in the water, I remain unattached. ||1||	ਜਿਸ ਮਨੁੱਖ ਨੂੰ ਪ੍ਰਭੂ ਆਪਣੇ ਹੱਥ ਦੇ ਕੇ ਆਪਣਾ ਬਣਾ ਕੇ ਰੱਖਿਆ ਕਰਦਾ ਹੈ, ਉਹ ਜਗਤ ਵਿਚ ਇਉਂ ਨਿਰਲੇਪ ਰਹਿੰਦਾ ਹੈ ਜਿਵੇਂ ਪਾਣੀ ਵਿਚ ਕੌਲ ਫੁੱਲ ॥੧॥
52126	1209	ਹਉ ਨਾਹੀ ਕਿਛੁ ਮੈ ਕਿਆ ਹੋਸਾ ਸਭ ਤੁਮ ਹੀ ਕਲ ਧਾਰੀ॥		Ho Naahee Kishh Mai Kiaa Hosaa Sabh Thum Hee Kal Dhhaaree ||	I am nothing. What am I? You hold all in Your Power.	ਨਾਹ ਹੁਣ ਹੀ ਮੇਰੀ ਕੋਈ ਪਾਂਇਆਂ ਹੈ, ਨਾਹ ਅਗਾਂਹ ਨੂੰ ਭੀ ਮੇਰੀ ਕੋਈ ਪਾਂਇਆਂ ਹੋ ਸਕਦੀ ਹੈ। ਹਰ ਥਾਂ ਤੂੰ ਹੀ ਆਪਣੀ ਸੱਤਿਆ ਟਿਕਾਈ ਹੋਈ ਹੈ।
52127	1209	ਨਾਨਕ ਭਾਗਿ ਪਰਿਓ ਹਰਿ ਪਾਛੈ ਰਾਖੁ ਸੰਤ ਸਦਕਾਰੀ॥੨॥੨॥੨੫॥	(ਸਦਕਾਰੀ) ਸੰਤਾਂ ਦੀ ਖੈਰਾਤ, ਪਿੱਛੇ ਸਦਕੇ	Naanak Bhaag Pariou Har Paashhai Raakh Santh Sadhakaaree ||2||2||25||	Nanak has run to Your Sanctuary, Lord; please save him, for the sake of Your Saints. ||2||2||25||	ਹੇ ਹਰੀ! (ਮਾਇਆ ਸਪਣੀ ਤੋਂ ਬਚਣ ਲਈ) ਮੈਂ ਨਾਨਕ ਭੱਜ ਕੇ ਤੇਰੇ ਸੰਤਾਂ ਦੀ ਸਰਨ ਪਿਆ ਹਾਂ, ਸੰਤ-ਸਰਨ ਦਾ ਸਦਕਾ ਮੇਰੀ ਰੱਖਿਆ ਕਰ ॥੨॥੨॥੨੫॥

52128	1209	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52129	1209	ਅਬ ਮੋਹਿ ਸਰਬ ਉਪਾਵ ਬਿਰਕਾਤੇ॥	(ਬਿਰ-ਕਾਤੇ) ਛੱਡ ਦਿਤੇ	Ab Mohi Sarab Oupaav Birakaathae ||	Now I have abandoned all efforts and devices.	ਹੁਣ ਮੈਂ ਹੋਰ ਸਾਰੇ ਹੀਲੇ ਛੱਡ ਦਿੱਤੇ ਹਨ।
52130	1209	ਕਰਣ ਕਾਰਣ ਸਮਰਥ ਸੁਆਮੀ ਹਰਿ ਏਕਸੁ ਤੇ ਮੇਰੀ ਗਾਤੇ॥੧॥ਰਹਾਉ॥	ਸਮਰੱਥ	Karan Kaaran Samarathh Suaamee Har Eaekas Thae Maeree Gaathae ||1|| Rehaao ||	My Lord and Master is the All-powerful Creator, the Cause of causes, my only Saving Grace. ||1||Pause||	ਹੇ ਜਗਤ ਦੇ ਮੂਲ ਹਰੀ! ਹੇ ਸਾਰੀਆਂ ਤਾਕਤਾਂ ਦੇ ਮਾਲਕ ਸੁਆਮੀ! (ਗੁਰੂ ਨੂੰ ਮਿਲ ਕੇ ਮੈਨੂੰ ਨਿਸ਼ਚਾ ਹੋ ਗਿਆ ਹੈ ਕਿ) ਸਿਰਫ਼ ਤੇਰੇ ਦਰ ਤੋਂ ਹੀ ਮੇਰੀ ਉੱਚੀ ਆਤਮਕ ਅਵਸਥਾ ਬਣ ਸਕਦੀ ਹੈ ॥੧॥ ਰਹਾਉ ॥
52131	1209	ਦੇਖੇ ਨਾਨਾ ਰੂਪ ਬਹੁ ਰੰਗਾ ਅਨ ਨਾਹੀ ਤੁਮ ਭਾਂਤੇ॥		Dhaekhae Naanaa Roop Bahu Rangaa An Naahee Thum Bhaanthae ||	I have seen numerous forms of incomparable beauty, but nothing is like You.	ਹੇ ਪ੍ਰਭੂ! ਮੈਂ (ਜਗਤ ਦੇ) ਅਨੇਕਾਂ ਕਈ ਕਿਸਮਾਂ ਦੇ ਰੂਪ ਰੰਗ ਵੇਖ ਲਏ ਹਨ, ਤੇਰੇ ਵਰਗਾ (ਸੋਹਣਾ) ਹੋਰ ਕੋਈ ਨਹੀਂ ਹੈ।
52132	1209	ਦੇਂਹਿ ਅਧਾਰੁ ਸਰਬ ਕਉ ਠਾਕੁਰ ਜੀਅ ਪ੍ਰਾਨ ਸੁਖਦਾਤੇ॥੧॥		Aenehi Adhhaar Sarab Ko Thaakur Jeea Praan Sukhadhaathae ||1||	You give Your Support to all, O my Lord and Master; You are the Giver of peace, of the soul and the breath of life. ||1||	ਹੇ ਠਾਕੁਰ! ਹੇ ਜਿੰਦ ਦਾਤੇ! ਹੇ ਪ੍ਰਾਣ ਦਾਤੇ! ਹੇ ਸੁਖਦਾਤੇ! ਸਭ ਜੀਵਾਂ ਨੂੰ ਤੂੰ ਹੀ ਆਸਰਾ ਦੇਂਦਾ ਹੈਂ ॥੧॥

52133	1209	ਭ੍ਰਮਤੌ ਭ੍ਰਮਤੌ ਹਾਰਿ ਜਉ ਪਰਿਓ ਤਉ ਗੁਰ ਮਿਲਿ ਚਰਨ ਪਰਾਤੇ॥		Bhramatha Bhramatha Haar Jo Pariou Tho Gur Mil Charan Paraathae ||	Wandering, wandering, I grew so tired; meeting the Guru, I fell at His Feet.	ਭਟਕਦਿਆਂ ਭਟਕਦਿਆਂ ਜਦੋਂ ਮੈਂ ਥੱਕ ਗਿਆ, ਤਦੋਂ ਗੁਰੂ ਨੂੰ ਮਿਲ ਕੇ ਮੈਂ ਪਰਮਾਤਮਾ ਦੇ ਚਰਨਾਂ ਦੀ ਕਦਰ ਪਛਾਣ ਲਈ।
52134	1209	ਕਹੁ ਨਾਨਕ ਮੈ ਸਰਬ ਸੁਖੁ ਪਾਇਆ ਇਹ ਸੂਖਿ ਬਿਹਾਨੀ ਰਾਤੇ॥੨॥੩॥੨੬॥		Kahu Naanak Mai Sarab Sukh Paaeiaa Eih Sookh Bihaanee Raathae ||2||3||26||	Says Nanak, I have found total peace; this life-night of mine passes in peace. ||2||3||26||	ਨਾਨਕ ਆਖਦਾ ਹੈ- ਹੁਣ ਮੈਂ ਸਾਰੇ ਸੁਖ ਦੇਣ ਵਾਲਾ ਪ੍ਰਭੂ ਲੱਭ ਲਿਆ ਹੈ, ਤੇ ਮੇਰੀ (ਜ਼ਿੰਦਗੀ ਦੀ) ਰਾਤ ਸੁਖ ਆਨੰਦ ਵਿਚ ਬੀਤ ਰਹੀ ਹੈ ॥੨॥੩॥੨੬॥
52135	1209	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52136	1209	ਅਬ ਮੋਹਿ ਲਬਧਿਓ ਹੈ ਹਰਿ ਟੇਕਾ॥	(ਲਬ-ਧਿਓ) ਟੇੱਕਾ	Ab Mohi Labadhhiou Hai Har Ttaekaa ||	Now I have found the Support of my Lord.	ਹੁਣ ਮੈਂ ਪਰਮਾਤਮਾ ਦਾ ਆਸਰਾ ਲੱਭ ਲਿਆ ਹੈ।

52137	1209	ਗੁਰ ਦਇਆਲ ਭਏ ਸੁਖਦਾਈ ਅੰਧੁਲੈ ਮਾਣਿਕੁ ਦੇਖਾ॥੧॥ਰਹਾਉ॥		Gur Dhaeiaal Bheae Sukhadhaaee Andhhulai Maanik Dhaekhaa ||1|| Rehaao ||	The Guru, the Giver of peace, has become merciful to me. I was blind - I see the jewel of the Lord. ||1||Pause||	ਜਦੋਂ ਤੋਂ ਸਾਰੇ ਸੁਖ ਦੇਣ ਵਾਲੇ ਸਤਿਗੁਰੂ ਜੀ (ਮੇਰੇ ਉਤੇ) ਦਇਆਵਾਨ ਹੋਏ ਹਨ, ਮੈਂ ਅੰਨ੍ਹੇ ਨੇ ਨਾਮ-ਮੋਤੀ ਵੇਖ ਲਿਆ ਹੈ ॥੧॥ ਰਹਾਉ ॥
52138	1209	ਕਾਟੇ ਅਗਿਆਨ ਤਿਮਰ ਨਿਰਮਲੀਆ ਬੁਧਿ ਬਿਗਾਸ ਬਿਬੇਕਾ॥		Kaattae Agiaan Thimar Niramaleeaa Budhh Bigaas Bibaekaa ||	I have cut away the darkness of ignorance and become immaculate; my discriminationg intellect has blossomed forth.	(ਗੁਰੂ ਦੀ ਕਿਰਪਾ ਨਾਲ ਮੇਰੇ ਅੰਦਰੋਂ) ਆਤਮਕ ਜੀਵਨ ਵਲੋਂ ਬੇ-ਸਮਝੀ ਦੇ ਹਨੇਰੇ ਕੱਟੇ ਗਏ ਹਨ, ਮੇਰੀ ਬੁੱਧੀ ਨਿਰਮਲ ਹੋ ਗਈ ਹੈ, ਮੇਰੇ ਅੰਦਰ ਚੰਗੇ ਮੰਦੇ ਦੀ ਪਰਖ ਦੀ ਸ਼ਕਤੀ ਦਾ ਪਰਕਾਸ਼ ਹੋ ਗਿਆ ਹੈ।
52139	1209	ਜਿਉ ਜਲ ਤਰੰਗ ਫੇਨੁ ਜਲ ਹੋਈ ਹੈ ਸੇਵਕ ਠਾਕੁਰ ਭਏ ਏਕਾ॥੧॥		Jio Jal Tharang Faen Jal Hoee Hai Saevak Thaakur Bheae Eaekaa ||1||	As the waves of water and the foam become water again, the Lord and His servant become One. ||1||	(ਮੈਨੂੰ ਸਮਝ ਆ ਗਈ ਹੈ ਕਿ) ਜਿਵੇਂ ਪਾਣੀ ਦੀਆਂ ਲਹਰਾਂ ਤੇ ਝੱਗ ਸਭ ਕੁਝ ਪਾਣੀ ਹੀ ਹੋ ਜਾਂਦਾ ਹੈ, ਤਿਵੇਂ ਮਾਲਕ-ਪ੍ਰਭੂ ਅਤੇ ਉਸ ਦੇ ਸੇਵਕ ਇਕ-ਰੂਪ ਹੋ ਜਾਂਦੇ ਹਨ ॥੧॥
52140	1209	ਜਹ ਤੇ ਉਠਿਓ ਤਹ ਹੀ ਆਇਓ ਸਭ ਹੀ ਏਕੈ ਏਕਾ॥		Jeh Thae Outhiou Theh Hee Aaeiou Sabh Hee Eaekai Eaekaa ||	He is taken in again, into what from which he came; all is one in the One Lord.	(ਗੁਰੂ ਦੀ ਕਿਰਪਾ ਨਾਲ ਇਹ ਸਮਝ ਆ ਗਈ ਹੈ ਕਿ) ਜਿਸ ਪ੍ਰਭੂ ਤੋਂ ਇਹ ਜੀਵ ਉਪਜਦਾ ਹੈ ਉਸ ਵਿਚ ਹੀ ਲੀਨ ਹੁੰਦਾ ਹੈ, ਇਹ ਸਾਰੀ ਰਚਨਾ ਹੀ ਇਕ ਪਰਮਾਤਮਾ ਦਾ ਹੀ ਖੇਲ-ਪਸਾਰਾ ਹੈ।

52141	1209	ਨਾਨਕ ਦ੍ਰਿਸਟਿ ਆਇਓ ਸ੍ਰਬ ਠਾਈ ਪ੍ਰਾਣਪਤੀ ਹਰਿ ਸਮਕਾ॥੨॥੪॥੨੭॥		Naanak Dhrisatt Aaeiou Srab Thaaee Praanapathee Har Samakaa ||2||4||27||	O Nanak, I have come to see the Master of the breath of life, all-pervading everywhere. ||2||4||27||	ਹੇ ਨਾਨਕ! (ਗੁਰੂ ਦੀ ਕਿਰਪਾ ਨਾਲ) ਦਿੱਸ ਪਿਆ ਹੈ ਕਿ ਪ੍ਰਾਣਾਂ ਦਾ ਮਾਲਕ ਹਰੀ ਸਭਨੀਂ ਥਾਈਂ ਇਕ-ਸਮਾਨ ਵੱਸ ਰਿਹਾ ਹੈ ॥੨॥੪॥੨੭॥
52142	1209	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52143	1209	ਮੇਰਾ ਮਨੁ ਏਕੈ ਹੀ ਪ੍ਰਿਅ ਮਾਂਗੈ॥		Maeraa Man Eaekai Hee Pria Maangai ||	My mind longs for the One Beloved Lord.	ਮੇਰਾ ਮਨ ਸਿਰਫ਼ ਪਿਆਰੇ ਪ੍ਰਭੂ ਦਾ ਹੀ ਦਰਸਨ ਮੰਗਦਾ ਹੈ।
52144	1209	ਪੇਖਿ ਆਇਓ ਸਰਬ ਥਾਨ ਦੇਸ ਪ੍ਰਿਅ ਰੋਮ ਨ ਸਮਸਰਿ ਲਾਗੈ॥੧॥ਰਹਾਉ॥		Paekh Aaeiou Sarab Thhaan Dhaes Pria Rom N Samasar Laagai ||1|| Rehaao ||	I have looked everywhere in every country, but nothing equals even a hair of my Beloved. ||1||Pause||	ਮੈਂ ਸਾਰੇ ਦੇਸ਼ ਸਾਰੇ ਥਾਂ ਵੇਖ ਆਇਆ ਹਾਂ, (ਉਹਨਾਂ ਵਿਚੋਂ ਕੋਈ ਭੀ ਸੁੰਦਰਤਾ ਵਿਚ) ਪਿਆਰੇ (ਪ੍ਰਭੂ) ਦੇ ਇਕ ਰੋਮ ਦੀ ਭੀ ਬਰਾਬਰੀ ਨਹੀਂ ਕਰ ਸਕਦਾ ॥੧॥ ਰਹਾਉ ॥
52145	1209	ਮੈ ਨੀਰੇ ਅਨਿਕ ਭੋਜਨ ਬਹੁ ਬਿੰਜਨ ਤਿਨ ਸਿਉ ਦ੍ਰਿਸਟਿ ਨ ਕਰੈ ਰੁਚਾਂਗੈ॥	(ਨੀਰੇ) ਪਰੋਸੇ। (ਬਿੰਜਨ) ਮਿੱਠੇ ਭੋਜਨ। (ਰੁਚਾਂਗੈ) ਰਿਦੇ ਦੀ ਰੁਚੀ	Mai Neerae Anik Bhojan Bahu Binjan Thin Sio Dhrisatt N Karai Ruchaangai ||	All sorts of delicacies and dainties are placed before me, but I do not even want to look at them.	ਮੈਂ ਅਨੇਕਾਂ ਭੋਜਨ ਅਨੇਕਾਂ ਸੁਆਦਲੇ ਪਦਾਰਥ ਪਰੋਸ ਕੇ ਰੱਖਦਾ ਹਾਂ, (ਮੇਰਾ ਮਨ) ਉਹਨਾਂ ਵਲ ਨਿਗਾਹ ਭੀ ਨਹੀਂ ਕਰਦਾ, (ਇਸ ਦੀ) ਉਹਨਾਂ ਵਲ ਕੋਈ ਰੁਚੀ ਨਹੀਂ।

52146	1209	ਹਰਿ ਰਸੁ ਚਾਹੈ ਪ੍ਰਿਅ ਪ੍ਰਿਅ ਮੁਖਿ ਟੇਰੈ ਜਿਉ ਅਲਿ ਕਮਲਾ ਲੋਭਾਂਗੈ॥੧॥	(ਅਲਿ) ਭੌਰਾ। (ਲੋਭਾਂਗੈ) ਲੁਭਾਇਮਾਨ	Har Ras Chaahai Pria Pria Mukh Ttaerai Jio Al Kamalaa Lobhaangai ||1||	I long for the sublime essence of the Lord, calling, ""Pri-o! Pri-o! - Beloved! Beloved!"", like the Bumble bee longing for the lotus flower. ||1||	ਜਿਵੇਂ ਭੌਰਾ ਕੌਲ ਫੁੱਲ ਵਾਸਤੇ ਲਲਚਾਂਦਾ ਹੈ, ਤਿਵੇਂ (ਮੇਰਾ ਮਨ) ਪਰਮਾਤਮਾ (ਦੇ ਨਾਮ) ਦਾ ਸੁਆਦ (ਹੀ) ਮੰਗਦਾ ਹੈ, ਮੂੰਹੋਂ 'ਹੇ ਪਿਆਰੇ ਪ੍ਰਭੂ! ਹੇ ਪਿਆਰੇ ਪ੍ਰਭੂ!' ਹੀ ਬੋਲਦਾ ਰਹਿੰਦਾ ਹੈ ॥੧॥
52147	1210	ਗੁਣ ਨਿਧਾਨ ਮਨਮੋਹਨ ਲਾਲਨ ਸੁਖਦਾਈ ਸਰਬਾਂਗੈ॥		Gun Nidhhaan Manamohan Laalan Sukhadhaaee Sarabaangai ||	The Treasure of Virtue, the Enticer of the mind, my Beloved is the Giver of peace to all.	ਹੇ ਗੁਣਾਂ ਦੇ ਖ਼ਜ਼ਾਨੇ! ਹੇ ਮਨ ਨੂੰ ਮੋਹਣ ਵਾਲੇ! ਹੇ ਸੋਹਣੇ ਲਾਲ! ਹੇ ਸਾਰੇ ਸੁਖ ਦੇਣ ਵਾਲੇ! ਹੇ ਸਭ ਜੀਵਾਂ ਵਿਚ ਵਿਆਪਕ!
52148	1210	ਗੁਰਿ ਨਾਨਕ ਪ੍ਰਭ ਪਾਹਿ ਪਠਾਇਓ ਮਿਲਹੁ ਸਖਾ ਗਲਿ ਲਾਗੈ॥੨॥੫॥੨੮॥		Gur Naanak Prabh Paahi Pathaaeiou Milahu Sakhaa Gal Laagai ||2||5||28||	Guru Nanak has led me to You, O God. Join with me, O my Best Friend, and hold me close in Your Embrace. ||2||5||28||	ਹੇ ਪ੍ਰਭੂ! ਹੇ ਮਿੱਤਰ ਪ੍ਰਭੂ! ਮੈਨੂੰ ਨਾਨਕ (ਨੂੰ) ਗੁਰੂ ਨੇ (ਤੇਰੇ) ਪਾਸ ਭੇਜਿਆ ਹੈ, ਮੈਨੂੰ ਗਲ ਲੱਗ ਕੇ ਮਿਲ ॥੨॥੫॥੨੮॥
52149	1210	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52150	1210	ਅਬ ਮੋਰੋ ਠਾਕੁਰ ਸਿਉ ਮਨੁ ਮਾਨਾਂ॥		Ab Moro Thaakur Sio Man Maanaan ||	Now my mind is pleased and appeased by my Lord and Master.	ਹੁਣ ਮੇਰਾ ਮਨ ਮਾਲਕ-ਪ੍ਰਭੂ ਨਾਲ (ਸਦਾ) ਗਿੱਝਿਆ ਰਹਿੰਦਾ ਹੈ।

52151	1210	ਸਾਧ ਕ੍ਰਿਪਾਲ ਦਇਆਲ ਭਏ ਹੈ ਇਹੁ ਛੇਦਿਓ ਦੁਸਟੁ ਬਿਗਾਨਾ॥੧॥ਰਹਾਉ ॥		Saadhh Kirapaal Dhaeiaal Bheae Hai Eihu Shhaedhiou Dhusatt Bigaanaa ||1|| Rehaao ||	The Holy Saint has become kind and compassionate to me, and has destroyed this demon of duality. ||1||Pause||	ਜਦੋਂ ਸੰਤ ਜਨ ਮੇਰੇ ਉੱਤੇ ਤੁੱਠ ਪਏ ਦਇਆਵਾਨ ਹੋਏ, (ਤਾਂ ਮੈਂ ਆਪਣੇ ਅੰਦਰੋਂ ਪਰਮਾਤਮਾ ਨਾਲੋਂ) ਇਹ ਭੈੜਾ ਓਪਰਾ-ਪਨ ਕੱਟ ਦਿੱਤਾ ॥੧॥ ਰਹਾਉ ॥
52152	1210	ਤੁਮ ਹੀ ਸੁੰਦਰ ਤੁਮਹਿ ਸਿਆਨੇ ਤੁਮ ਹੀ ਸੁਘਰ ਸੁਜਾਨਾ॥		Thum Hee Sundhar Thumehi Siaanae Thum Hee Sughar Sujaanaa ||	You are so beautiful, and You are so wise; You are elegant and all-knowing.	ਹੁਣ, ਹੇ ਪ੍ਰਭੂ! ਤੂੰ ਹੀ ਮੈਨੂੰ ਸੋਹਣਾ ਲੱਗਦਾ ਹੈਂ, ਤੂੰ ਹੀ ਸਿਆਣਾ ਜਾਪਦਾ ਹੈਂ, ਤੂੰ ਹੀ ਸੋਹਣੀ ਆਤਮਕ ਘਾੜਤ ਵਾਲਾ ਤੇ ਸੁਜਾਨ ਦਿੱਸਦਾ ਹੈਂ।
52153	1210	ਸਗਲ ਜੋਗ ਅਰੁ ਗਿਆਨ ਧਿਆਨ ਇਕ ਨਿਮਖ ਨ ਕੀਮਤਿ ਜਾਨਾਂ॥੧॥		Sagal Jog Ar Giaan Dhhiaan Eik Nimakh N Keemath Jaanaan ||1||	All the Yogis, spiritual teachers and meditators do not know even a bit of Your value. ||1||	ਜੋਗ-ਸਾਧਨ, ਗਿਆਨ-ਚਰਚਾ ਕਰਨ ਵਾਲੇ ਅਤੇ ਸਮਾਧੀਆਂ ਲਾਣ ਵਾਲੇ-ਇਹਨਾਂ ਸਭਨਾਂ ਨੇ, ਹੇ ਪ੍ਰਭੂ! ਅੱਖ ਝਮਕਣ ਜਿਤਨੇ ਸਮੇ ਲਈ ਭੀ ਤੇਰੀ ਕਦਰ ਨਹੀਂ ਸਮਝੀ ॥੧॥
52154	1210	ਤੁਮ ਹੀ ਨਾਇਕ ਤੁਮ੍ਹਿ ਛਤ੍ਰਪਤਿ ਤੁਮ ਪੂਰਿ ਰਹੇ ਭਗਵਾਨਾ॥		Thum Hee Naaeik Thumhehi Shhathrapath Thum Poor Rehae Bhagavaanaa ||	You are the Master, You are the Lord under the royal canopy; You are the perfectly pervading Lord God.	ਹੇ ਭਗਵਾਨ! ਤੂੰ ਹੀ (ਸਭ ਜੀਵਾਂ ਦਾ) ਮਾਲਕ ਹੈਂ, ਤੂੰ ਹੀ (ਸਭ ਰਾਜਿਆਂ ਦਾ) ਰਾਜਾ ਹੈਂ, ਤੂੰ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਹੈਂ।

52155	1210	ਪਾਵਉ ਦਾਨੁ ਸੰਤ ਸੇਵਾ ਹਰਿ ਨਾਨਕ ਸਦ ਕੁਰਬਾਨਾਂ॥੨॥੬॥੨੯॥		Paavo Dhaan Santh Saevaa Har Naanak Sadh Kurabaanaan ||2||6||29||	Please bless me with the gift of service to the Saints; O Nanak, I am a sacrifice to the Lord. ||2||6||29||	ਹੇ ਹਰੀ! (ਮਿਹਰ ਕਰ, ਤੇਰੇ ਦਰ ਤੋਂ) ਮੈਂ ਸੰਤ ਜਨਾਂ ਦੀ ਸੇਵਾ ਦਾ ਖੈਰ ਹਾਸਲ ਕਰਾਂ, ਮੈਂ ਨਾਨਕ ਸੰਤ ਜਨਾਂ ਤੋਂ ਸਦਾ ਸਦਕੇ ਜਾਵਾਂ ॥੨॥੬॥੨੯॥
52156	1210	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52157	1210	ਮੇਰੈ ਮਨਿ ਚੀਤਿ ਆਏ ਪ੍ਰਿਅ ਰੰਗਾ॥		Maerai Man Cheeth Aaeae Pria Rangaa ||	The Love of my Beloved comes into my conscious mind.	(ਜਦੋਂ ਤੋਂ ਸਾਧ ਸੰਗਤ ਦੀ ਬਰਕਤਿ ਨਾਲ) ਪਿਆਰੇ ਪ੍ਰਭੂ ਦੇ ਕੌਤਕ ਮੇਰੇ ਮਨ ਵਿਚ ਮੇਰੇ ਚਿੱਤ ਵਿਚ ਆ ਵੱਸੇ ਹਨ,
52158	1210	ਬਿਸਰਿਓ ਧੰਧੁ ਬੰਧੁ ਮਾਇਆ ਕੋ ਰਜਨਿ ਸਬਾਈ ਜੰਗਾ॥੧॥ਰਹਾਉ॥	(ਸਬਾਈ) ਸਾਰੀ ਉਮਰ ਰੂਪੀ (ਰਜਨਿ) ਰਾਤ। (ਜੰਗਾ) ਕਾਮਾਦਿਕਾਂ ਔਗੁਣਾਂ ਨਾਲ ਜੰਗ। ਰਜਨਿ: ਪੋਲਾ ਬੋਲੋ	Bisariou Dhhandhh Bandhh Maaeiaa Ko Rajan Sabaaee Jangaa ||1|| Rehaao ||	I have forgotten the entangling affairs of Maya, and I spend my life-night fighting with evil. ||1||Pause||	ਮੈਨੂੰ ਮਾਇਆ ਵਾਲੀ ਭਟਕਣ ਭੁੱਲ ਗਈ ਹੈ, ਮਾਇਆ ਦੇ ਮੋਹ ਦੀ ਫਾਹੀ ਮੁੱਕ ਗਈ ਹੈ, ਮੇਰੀ ਸਾਰੀ ਉਮਰ-ਰਾਤ (ਵਿਕਾਰਾਂ ਨਾਲ) ਜੰਗ ਕਰਦਿਆਂ ਬੀਤ ਰਹੀ ਹੈ ॥੧॥ ਰਹਾਉ ॥
52159	1210	ਹਰਿ ਸੇਵਉ ਹਰਿ ਰਿਦੈ ਬਸਾਵਉ ਹਰਿ ਪਾਇਆ ਸਤਸੰਗਾ॥		Har Saevo Har Ridhai Basaavo Har Paaeiaa Sathasangaa ||	I serve the Lord; the Lord abides within my heart. I have found my Lord in the Sat Sangat, the True Congregation.	ਜਦੋਂ ਤੋਂ ਮੈਂ ਪ੍ਰਭੂ ਦੀ ਸਾਧ ਸੰਗਤ ਪ੍ਰਾਪਤ ਕੀਤੀ ਹੈ, ਮੈਂ ਪਰਮਾਤਮਾ ਦਾ ਸਿਮਰਨ ਕਰਦਾ ਰਹਿੰਦਾ ਹਾਂ, ਮੈਂ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹਾਂ।

52160	1210	ਐਸੋ ਮਿਲਿਓ ਮਨੋਹਰੁ ਪ੍ਰੀਤਮੁ ਸੁਖ ਪਾਏ ਮੁਖ ਮੰਗਾ॥੧॥		Aiso Miliou Manohar Preetham Sukh Paaeae Mukh Mangaa ||1||	So I have met with my enticingly beautiful Beloved; I have obtained the peace which I asked for. ||1||	ਮਨ ਨੂੰ ਮੋਹਣ ਵਾਲਾ ਪ੍ਰੀਤਮ ਪ੍ਰਭੂ ਇਸ ਤਰ੍ਹਾਂ ਮੈਨੂੰ ਮਿਲ ਗਿਆ ਹੈ ਕਿ ਮੈਂ ਮੂੰਹ-ਮੰਗੇ ਸੁਖ ਹਾਸਲ ਕਰ ਲਏ ਹਨ ॥੧॥
52161	1210	ਪ੍ਰਿਉ ਅਪਨਾ ਗੁਰਿ ਬਸਿ ਕਰਿ ਦੀਨਾ ਭੋਗਉ ਭੋਗ ਨਿਸੰਗਾ॥	ਬੱਸਿ	Prio Apanaa Gur Bas Kar Dheenaa Bhogo Bhog Nisangaa ||	The Guru has brought my Beloved under my control, and I enjoy Him with unrestrained pleasure.	ਗੁਰੂ ਨੇ ਪਿਆਰਾ ਪ੍ਰਭੂ ਮੇਰੇ (ਪਿਆਰ ਦੇ) ਵੱਸ ਵਿਚ ਕਰ ਦਿੱਤਾ ਹੈ, ਹੁਣ (ਕਾਮਾਦਿਕਾਂ ਦੀ) ਰੁਕਾਵਟ ਤੋਂ ਬਿਨਾ ਮੈਂ ਉਸ ਦੇ ਮਿਲਾਪ ਦਾ ਆਤਮਕ ਆਨੰਦ ਮਾਣਦਾ ਰਹਿੰਦਾ ਹਾਂ।
52162	1210	ਨਿਰਭਉ ਭਏ ਨਾਨਕ ਭਉ ਮਿਟਿਆ ਹਰਿ ਪਾਇਓ ਪਾਠੰਗਾ॥੨॥੭॥੩੦॥	(ਪਾਠੰਗਾ) (ਪਾਠ+ਅੰਗਾ) (ਅੰਗਾ) ਅੰਗ ਅੰਗ ਭਾਵ ਰੋਮ ਰੋਮ ਚ (ਪਾਠ) ਅਜਪਾ ਜਾਪ (ਪਾਇਓ) ਪਾਇਆ	Nirabho Bheae Naanak Bho Mittiaa Har Paaeiou Paathangaa ||2||7||30||	I have become fearless; O Nanak, my fears have been eradicated. Chanting the Word, I have found the Lord. ||2||7||30||	ਹੇ ਨਾਨਕ! ਮੈਂ (ਜੀਵਨ ਦਾ) ਆਸਰਾ ਪ੍ਰਭੂ ਲੱਭ ਲਿਆ ਹੈ, ਮੇਰਾ ਹਰੇਕ ਡਰ ਮਿਟ ਗਿਆ ਹੈ, ਮੈਂ (ਕਾਮਾਦਿਕਾਂ ਦੇ ਹੱਲਿਆਂ ਦੇ ਖ਼ਤਰੇ ਤੋਂ) ਨਿਡਰ ਹੋ ਗਿਆ ਹਾਂ ॥੨॥੭॥੩੦॥
52163	1210	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52164	1210	ਹਰਿ ਜੀਉ ਕੇ ਦਰਸਨ ਕਉ ਕੁਰਬਾਨੀ॥		Har Jeeo Kae Dharasan Ko Kurabaanee ||	I am a sacrifice to the Blessed Vision, the Darshan of my Dear Lord.	ਮੈਂ ਪ੍ਰਭੂ ਜੀ ਦੇ ਦਰਸਨ ਤੋਂ ਸਦਕੇ ਹਾਂ।

52165	1210	ਬਚਨ ਨਾਦ ਮੇਰੇ ਸ੍ਰਵਨਹੁ ਪੂਰੇ ਦੇਹਾ ਪ੍ਰਿਅ ਅੰਕਿ ਸਮਾਨੀ॥੧॥ਰਹਾਉ॥		Bachan Naadh Maerae Sravanahu Poorae Dhaehaa Pria Ank Samaanee ||1|| Rehaao ||	The Naad, the Sound-current of His Word fills my ears; my body has settled gently into the Lap of my Beloved. ||1||Pause||	ਉਸ ਦੀ ਸਿਫ਼ਤ-ਸਾਲਾਹ ਦੇ ਗੀਤ ਮੇਰੇ ਕੰਨਾਂ ਵਿਚ ਭਰੇ ਰਹਿੰਦੇ ਹਨ, ਮੇਰਾ ਸਰੀਰ ਉਸ ਦੀ ਗੋਦ ਵਿਚ ਲੀਨ ਰਹਿੰਦਾ ਹੈ (ਇਹ ਸਾਰੀ ਗੁਰੂ ਦੀ ਹੀ ਕਿਰਪਾ ਹੈ) ॥੧॥ ਰਹਾਉ ॥
52166	1210	ਛੂਟਰਿ ਤੇ ਗੁਰਿ ਕੀਈ ਸੋਹਾਗਨਿ ਹਰਿ ਪਾਇਓ ਸੁਘੜ ਸੁਜਾਨੀ॥	ਕੀ-ਈ	Shhoottar Thae Gur Keeee Suohaagan Har Paaeiou Sugharr Sujaanee ||	I was a discarded bride, and the Guru has made me a happy soul-bride. I have found the Elegant and All-knowing Lord.	ਗੁਰੂ ਨੇ ਮੈਨੂੰ ਛੁੱਟੜ ਤੋਂ ਸੁਹਾਗਣ ਬਣਾ ਦਿੱਤਾ ਹੈ, ਮੈਂ ਸੋਹਣੀ ਆਤਮਕ ਘਾੜਤ ਵਾਲੇ ਸੁਜਾਨ ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ ਹੈ।
52167	1210	ਜਿਹ ਘਰ ਮਹਿ ਬੈਸਨੁ ਨਹੀ ਪਾਵਤ ਸੋ ਥਾਨੁ ਮਿਲਿਓ ਬਾਸਾਨੀ॥੧॥		Jih Ghar Mehi Baisan Nehee Paavath So Thhaan Miliou Baasaanee ||1||	That home, in which I was not even allowed to sit - I have found that place in which I can dwell. ||1||	(ਮੇਰੇ ਮਨ ਨੂੰ) ਉਹ (ਹਰਿ-ਚਰਨ-) ਥਾਂ ਵੱਸਣ ਲਈ ਮਿਲ ਗਿਆ ਹੈ, ਜਿਸ ਥਾਂ ਤੇ (ਅੱਗੇ ਇਹ ਕਦੇ) ਟਿਕਦਾ ਹੀ ਨਹੀਂ ਸੀ ॥੧॥
52168	1210	ਉਨ੍ ਕੈ ਬਸਿ ਆਇਓ ਭਗਤਿ ਬਛਲੁ ਜਿਨਿ ਰਾਖੀ ਆਨ ਸੰਤਾਨੀ॥	ਬੱਸਿ	Ounh Kai Bas Aaeiou Bhagath Bashhal Jin Raakhee Aan Santhaanee ||	God, the Love of His devotees, has come under the control of those who protect the honor of His Saints.	ਭਗਤੀ ਨਾਲ ਪਿਆਰ ਕਰਨ ਵਾਲਾ ਪਰਮਾਤਮਾ ਜਿਸ ਨੇ (ਸਦਾ ਆਪਣੇ) ਸੰਤਾਂ ਦੀ ਲਾਜ ਰੱਖੀ ਹੈ ਉਹਨਾਂ ਸੰਤ ਜਨਾਂ ਦੇ ਪਿਆਰ ਦੇ ਵੱਸ ਵਿਚ ਆਇਆ ਰਹਿੰਦਾ ਹੈ।

52169	1210	ਕਹੁ ਨਾਨਕ ਹਰਿ ਸੰਗਿ ਮਨੁ ਮਾਨਿਆ ਸਭ ਚੂਕੀ ਕਾਣਿ ਲੋਕਾਨੀ॥੨॥੮॥੩੧॥		Kahu Naanak Har Sang Man Maaniaa Sabh Chookee Kaan Luokaanee ||2||8||31||	Says Nanak, my mid is pleased and appeased with the Lord, and my subservience to other people has come to an end. ||2||8||31||	ਨਾਨਕ ਆਖਦਾ ਹੈ- (ਸੰਤ ਜਨਾਂ ਦੀ ਕਿਰਪਾ ਨਾਲ) ਮੇਰਾ ਮਨ ਪਰਮਾਤਮਾ ਨਾਲ ਗਿੱਝ ਗਿਆ ਹੈ, (ਮੇਰੇ ਅੰਦਰੋਂ) ਲੋਕਾਂ ਦੀ ਮੁਥਾਜੀ ਮੁੱਕ ਗਈ ਹੈ ॥੨॥੮॥੩੧॥
52170	1210	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52171	1210	ਅਬ ਮੇਰੋ ਪੰਚਾ ਤੇ ਸੰਗੁ ਤੂਟਾ॥		Ab Maero Panchaa Thae Sang Thoottaa ||	Now my association with the five thieves has come to an end.	ਹੁਣ (ਕਾਮਾਦਿਕ) ਪੰਜਾਂ ਨਾਲੋਂ ਮੇਰਾ ਸਾਥ ਮੁੱਕ ਗਿਆ ਹੈ।
52172	1210	ਦਰਸਨੁ ਦੇਖਿ ਭਏ ਮਨਿ ਆਨਦ ਗੁਰ ਕਿਰਪਾ ਤੇ ਛੂਟਾ॥੧॥ਰਹਾਉ॥		Dharasan Dhaekh Bheae Man Aanadh Gur Kirapaa Thae Shhoottaa ||1|| Rehaao ||	Gazing upon the Blessed Vision of the Lord's Darshan, my mind is in ecstasy; by Guru's Grace, I am released. ||1||Pause||	(ਮੇਰੇ ਅੰਦਰ ਨਾਮ-ਖ਼ਜ਼ਾਨਾ ਲੁਕਿਆ ਪਿਆ ਸੀ, ਗੁਰੂ ਦੀ ਰਾਹੀਂ ਉਸ ਦਾ) ਦਰਸਨ ਕਰ ਕੇ ਮੇਰੇ ਮਨ ਵਿਚ ਖ਼ੁਸ਼ੀਆਂ ਹੀ ਖ਼ੁਸ਼ੀਆਂ ਬਣ ਗਈਆਂ ਹਨ। ਗੁਰੂ ਦੀ ਮਿਹਰ ਨਾਲ ਮੈਂ (ਕਾਮਾਦਿਕ ਦੀ ਮਾਰ ਤੋਂ) ਬਚ ਗਿਆ ਹਾਂ ॥੧॥ ਰਹਾਉ ॥
52173	1210	ਬਿਖਮ ਥਾਨ ਬਹੁਤ ਬਹੁ ਧਰੀਆ ਅਨਿਕ ਰਾਖ ਸੂਰੂਟਾ॥	(ਧਰੀਆ) ਧੜੇ ਪੱਖ। (ਸੂ-ਰੂਟਾ)ਸੂਰਮੇ। (ਰਾਖ) ਰਾਖੇ ਹਨ	Bikham Thhaan Bahuth Bahu Dhhareeaa Anik Raakh Sooroottaa ||	The impregnable place is guarded by countless ramparts and warriors.	ਜਿਸ ਥਾਂ ਨਾਮ-ਖ਼ਜ਼ਾਨੇ ਧਰੇ ਪਏ ਸਨ, ਉਥੇ ਅੱਪੜਨਾ ਬਹੁਤ ਹੀ ਔਖਾ ਸੀ (ਕਿਉਂਕਿ ਕਾਮਾਦਿਕ) ਅਨੇਕਾਂ ਸੂਰਮੇ (ਰਾਹ ਵਿਚ) ਰਾਖੇ ਬਣੇ ਪਏ ਸਨ।

52174	1210	ਬਿਖਮ ਗਾਰ੍ ਕਰੁ ਪਹੁਚੈ ਨਾਹੀ ਸੰਤ ਸਾਨਥ ਭਏ ਲੂਟਾ॥੧॥	(ਗਾਰ੍) ਗੜ੍ਹੀ। (ਸਾਨਥ) ਸਾਥੀ	Bikham Gaarh Kar Pahuchai Naahee Santh Saanathh Bheae Loottaa ||1||	This impregnable fortress cannot be touched, but with the assistance of the Saints, I have entered and robbed it. ||1||	(ਉਸ ਦੇ ਦੁਆਲੇ ਮਾਇਆ ਦੇ ਮੋਹ ਦੀ) ਬੜੀ ਔਖੀ ਖਾਈ ਬਣੀ ਹੋਈ ਸੀ, (ਉਸ ਖ਼ਜ਼ਾਨੇ ਤਕ) ਹੱਥ ਨਹੀਂ ਸੀ ਪਹੁੰਚਦਾ। ਜਦੋਂ ਸੰਤ ਜਨ ਮੇਰੇ ਸਾਥੀ ਬਣ ਗਏ, (ਉਹ ਟਿਕਾਣਾ) ਲੁੱਟ ਲਿਆ ॥੧॥
52175	1210	ਬਹੁਤੁ ਖਜਾਨੇ ਮੇਰੈ ਪਾਲੈ ਪਰਿਆ ਅਮੋਲ ਲਾਲ ਆਖੂਟਾ॥		Bahuth Khajaanae Maerai Paalai Pariaa Amol Laal Aakhoottaa ||	I have found such a great treasure, a priceless, inexhaustible supply of jewels.	(ਸੰਤ ਜਨਾਂ ਦੀ ਕਿਰਪਾ ਨਾਲ) ਹਰਿ-ਨਾਮ ਦੇ ਅਮੋਲਕ ਤੇ ਅਮੁੱਕ ਲਾਲਾਂ ਦੇ ਬਹੁਤ ਖ਼ਜ਼ਾਨੇ ਮੈਨੂੰ ਮਿਲ ਗਏ।
52176	1210	ਜਨ ਨਾਨਕ ਪ੍ਰਭਿ ਕਿਰਪਾ ਧਾਰੀ ਤਉ ਮਨ ਮਹਿ ਹਰਿ ਰਸੁ ਘੂਟਾ॥੨॥੯॥੩੨॥		Jan Naanak Prabh Kirapaa Dhhaaree Tho Man Mehi Har Ras Ghoottaa ||2||9||32||	O servant Nanak, when God showered His Mercy on me, my mind drank in the sublime essence of the Lord. ||2||9||32||	ਹੇ ਦਾਸ ਨਾਨਕ! ਜਦੋਂ ਪ੍ਰਭੂ ਨੇ ਮੇਰੇ ਉਤੇ ਮਿਹਰ ਕੀਤੀ, ਤਦੋਂ ਮੈਂ ਆਪਣੇ ਮਨ ਵਿਚ ਹਰਿ-ਨਾਮ ਦਾ ਰਸ ਪੀਣ ਲੱਗ ਪਿਆ ॥੨॥੯॥੩੨॥
52177	1210	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52178	1210	ਅਬ ਮੇਰੋ ਠਾਕੁਰ ਸਿਉ ਮਨੁ ਲੀਨਾ॥		Ab Maero Thaakur Sio Man Leenaa ||	Now my mind is absorbed in my Lord and Master.	ਹੁਣ ਮੇਰਾ ਮਨ ਠਾਕੁਰ-ਪ੍ਰਭੂ ਨਾਲ ਇਕ-ਮਿਕ ਹੋਇਆ ਰਹਿੰਦਾ ਹੈ।

52179	1210	ਪ੍ਰਾਨ ਦਾਨੁ ਗੁਰਿ ਪੂਰੈ ਦੀਆ ਉਰਝਾਇਓ ਜਿਉ ਜਲ ਮੀਨਾ॥੧॥ਰਹਾਉ॥		Praan Dhaan Gur Poorai Dheeaa Ourajhaaeiou Jio Jal Meenaa ||1|| Rehaao ||	The Perfect Guru has blessed me with the gift of the breath of life. I am involved with the Lord, like the fish with the water. ||1||Pause||	ਪੂਰੇ ਗੁਰੂ ਨੇ ਮੈਨੂੰ ਆਤਮਕ ਜੀਵਨ ਦੀ ਦਾਤ ਬਖ਼ਸ਼ੀ ਹੈ, ਮੈਨੂੰ ਠਾਕੁਰ ਪ੍ਰਭੂ ਨਾਲ ਇਉਂ ਜੋੜ ਦਿੱਤਾ ਹੈ ਜਿਵੇਂ ਮੱਛੀ ਪਾਣੀ ਨਾਲ ॥੧॥ ਰਹਾਉ ॥
52180	1210	ਕਾਮ ਕ੍ਰੋਧ ਲੋਭ ਮਦ ਮਤਸਰ ਇਹ ਅਰਪਿ ਸਗਲ ਦਾਨੁ ਕੀਨਾ॥		Kaam Krodhh Lobh Madh Mathasar Eih Arap Sagal Dhaan Keenaa ||	I have cast out sexual desire, anger, greed, egotism and envy; I have offered all this as a gift.	ਮੈਂ (ਆਪਣੇ ਅੰਦਰੋਂ) ਕਾਮ ਕ੍ਰੋਧ ਲੋਭ ਹਉਮੈ ਈਰਖਾ (ਆਦਿਕ ਸਾਰੇ ਵਿਕਾਰ) ਸਦਾ ਲਈ ਕੱਢ ਦਿੱਤੇ ਹਨ।
52181	1210	ਮੰਤ੍ਰੁ ਦ੍ਰਿੜਾਇ ਹਰਿ ਅਉਖਧੁ ਗੁਰਿ ਦੀਓ ਤਉ ਮਿਲਿਓ ਸਗਲ ਪ੍ਰਬੀਨਾ॥੧॥		Manthr Dhrirraae Har Aoukhadhh Gur Dheeou Tho Miliou Sagal Prabeenaa ||1||	The Guru has implanted the medicine of the Lord's Mantra within me, and I have met with the All-knowing Lord God. ||1||	ਜਦੋਂ ਤੋਂ ਗੁਰੂ ਨੇ (ਆਪਣਾ) ਉਪਦੇਸ਼ ਮੇਰੇ ਹਿਰਦੇ ਵਿਚ ਪੱਕਾ ਕਰ ਕੇ ਮੈਨੂੰ ਹਰਿ-ਨਾਮ ਦੀ ਦਵਾਈ ਦਿੱਤੀ ਹੈ, ਤਦੋਂ ਤੋਂ ਮੈਨੂੰ ਸਾਰੇ ਗੁਣਾਂ ਵਿਚ ਸਿਆਣਾ ਪ੍ਰਭੂ ਮਿਲ ਪਿਆ ਹੈ ॥੧॥
52182	1210	ਗ੍ਰਿਹੁ ਤੇਰਾ ਤੂ ਠਾਕੁਰੁ ਮੇਰਾ ਗੁਰਿ ਹਉ ਖੋਈ ਪ੍ਰਭੁ ਦੀਨਾ॥		Grihu Thaeraa Thoo Thaakur Maeraa Gur Ho Khoee Prabh Dheenaa ||	My household belongs to You, O my Lord and Master; the Guru has blessed me with God, and rid me of egotism.	ਹੇ ਪ੍ਰਭੂ! (ਹੁਣ ਮੇਰਾ ਹਿਰਦਾ) ਤੇਰਾ ਘਰ ਬਣ ਗਿਆ ਹੈ, ਤੂੰ (ਸਚ-ਮੁਚ) ਮੇਰੇ (ਇਸ ਘਰ ਦਾ) ਮਾਲਕ ਬਣ ਗਿਆ ਹੈਂ। ਗੁਰੂ ਨੇ ਮੇਰੀ ਹਉਮੈ ਦੂਰ ਕਰ ਦਿੱਤੀ ਹੈ, ਮੈਨੂੰ ਪ੍ਰਭੂ ਮਿਲਾ ਦਿੱਤਾ ਹੈ।

52183	1211	ਕਹੁ ਨਾਨਕ ਮੈ ਸਹਜ ਘਰੁ ਪਾਇਆ ਹਰਿ ਭਗਤਿ ਭੰਡਾਰ ਖਜੀਨਾ॥੨॥੧੦॥੩੩॥		Kahu Naanak Mai Sehaj Ghar Paaeiaa Har Bhagath Bhanddaar Khajeenaa ||2||10||33||	Says Nanak, I have found the Lord with intuitive ease, within the home of my own heart. Devotional worship of the Lord is a treasure over-flowing. ||2||10||33||	ਨਾਨਕ ਆਖਦਾ ਹੈ- (ਗੁਰੂ ਦੀ ਕਿਰਪਾ ਨਾਲ) ਮੈਂ ਆਤਮਕ ਅਡੋਲਤਾ ਦਾ ਸੋਮਾ ਲੱਭ ਲਿਆ ਹੈ। ਮੈਂ ਪਰਮਾਤਮਾ ਦੀ ਭਗਤੀ ਦੇ ਭੰਡਾਰੇ ਖ਼ਜ਼ਾਨੇ ਲੱਭ ਲਏ ਹਨ ॥੨॥੧੦॥੩੩॥
52184	1211	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52185	1211	ਮੋਹਨ ਸਭਿ ਜੀਅ ਤੇਰੇ ਤੂ ਤਾਰਹਿ॥		Mohan Sabh Jeea Thaerae Thoo Thaarehi ||	O my Enticing Lord, all beings are Yours - You save them.	ਹੇ ਮੋਹਨ ਪ੍ਰਭੂ! (ਜਗਤ ਦੇ) ਸਾਰੇ ਜੀਵ ਤੇਰੇ ਹੀ (ਪੈਦਾ ਕੀਤੇ ਹੋਏ ਹਨ), ਤੂੰ ਹੀ (ਇਹਨਾਂ ਨੂੰ ਦੁੱਖਾਂ ਕਲੇਸ਼ਾਂ ਆਦਿਕ ਤੋਂ) ਪਾਰ ਲੰਘਾਂਦਾ ਹੈਂ।
52186	1211	ਛੁਟਹਿ ਸੰਘਾਰ ਨਿਮਖ ਕਿਰਪਾ ਤੇ ਕੋਟਿ ਬ੍ਰਹਮੰਡ ਉਧਾਰਹਿ॥੧॥ਰਹਾਉ ॥		Shhuttehi Sanghaar Nimakh Kirapaa Thae Kott Brehamandd Oudhhaarehi ||1|| Rehaao ||	Even a tiny bit of Your Mercy ends all cruelty and tyranny. You save and redeem millions of universes. ||1||Pause||	ਤੇਰੀ ਰਤਾ ਜਿਤਨੀ ਮਿਹਰ (ਦੀ ਨਿਗਾਹ) ਨਾਲ ਵੱਡੇ ਵੱਡੇ ਨਿਰਦਈ ਬੰਦੇ ਭੀ ਅੱਤਿਆਚਾਰਾਂ ਵਲੋਂ ਹਟ ਜਾਂਦੇ ਹਨ ॥੧॥ ਰਹਾਉ ॥
52187	1211	ਕਰਹਿ ਅਰਦਾਸਿ ਬਹੁਤੁ ਬੇਨੰਤੀ ਨਿਮਖ ਨਿਮਖ ਸਾਮ੍ਹਾਰਹਿ॥		Karehi Aradhaas Bahuth Baenanthee Nimakh Nimakh Saamhaarehi ||	I offer countless prayers; I remember You each and every instant.	ਹੇ ਮੋਹਨ! (ਤੇਰੇ ਪੈਦਾ ਕੀਤੇ ਜੀਵ ਤੇਰੇ ਹੀ ਦਰ ਤੇ) ਅਰਦਾਸ ਬੇਨਤੀ ਕਰਦੇ ਹਨ, (ਤੈਨੂੰ ਹੀ) ਪਲ ਪਲ ਹਿਰਦੇ ਵਿਚ ਵਸਾਂਦੇ ਹਨ।

52188	1211	ਹੋਹੁ ਕ੍ਰਿਪਾਲ ਦੀਨ ਦੁਖਭੰਜਨ ਹਾਥ ਦੇਇ ਨਿਸਤਾਰਹਿ॥੧॥	ਨਿਸਤਾਰ-ਹਿ	Hohu Kirapaal Dheen Dhukh Bhanjan Haathh Dhaee Nisathaarehi ||1||	Please be merciful to me, O Destroyer of the pains of the poor; please give me Your hand and save me. ||1||	ਹੇ ਗਰੀਬਾਂ ਦੇ ਦੁੱਖ ਨਾਸ ਕਰਨ ਵਾਲੇ ਮੋਹਨ! ਜਦੋਂ ਤੂੰ ਦਇਆਵਾਨ ਹੁੰਦਾ ਹੈਂ, ਤਾਂ ਆਪਣੇ ਹੱਥ ਦੇ ਕੇ (ਜੀਵਾਂ ਨੂੰ ਦੁੱਖਾਂ ਤੋਂ) ਪਾਰ ਲੰਘਾ ਲੈਂਦਾ ਹੈਂ ॥੧॥
52189	1211	ਕਿਆ ਏ ਭੂਪਤਿ ਬਪੁਰੇ ਕਹੀਅਹਿ ਕਹੁ ਏ ਕਿਸ ਨੋ ਮਾਰਹਿ॥	ਕਹੀ-ਅਹਿ	Kiaa Eae Bhoopath Bapurae Keheeahi Kahu Eae Kis No Maarehi ||	And what about these poor kings? Tell me, who can they kill?	(ਹੇ ਮੋਹਨ!) ਇਹਨਾਂ ਵਿਚਾਰੇ ਰਾਜਿਆਂ ਦੀ ਕੋਈ ਪਾਂਇਆਂ ਨਹੀਂ ਕਿ ਇਹ ਕਿਸੇ ਨੂੰ ਮਾਰ ਸਕਣ (ਸਭ ਤੇਰਾ ਹੀ ਖੇਲ-ਤਮਾਸ਼ਾ ਹੈ)।
52190	1211	ਰਾਖੁ ਰਾਖੁ ਰਾਖੁ ਸੁਖਦਾਤੇ ਸਭੁ ਨਾਨਕ ਜਗਤੁ ਤੁਮ੍ਹਾਰਹਿ॥੨॥੧੧॥ ੩੪॥	ਜੱਗਤੁ	Raakh Raakh Raakh Sukhadhaathae Sabh Naanak Jagath Thumhaarehi ||2||11||34||	Save me, save me, save me, O Giver of peace; O Nanak, all the world is Yours. ||2||11||34||	ਹੇ ਸੁਖਾਂ ਦੇ ਦੇਣ ਵਾਲੇ! (ਅਸਾਂ ਜੀਵਾਂ ਦੀ) ਰੱਖਿਆ ਕਰ, ਰੱਖਿਆ ਕਰ, ਰੱਖਿਆ ਕਰ। ਹੇ ਨਾਨਕ! ਸਾਰਾ ਜਗਤ ਤੇਰਾ ਹੀ (ਰਚਿਆ ਹੋਇਆ) ਹੈ ॥੨॥੧੧॥੩੪॥
52191	1211	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52192	1211	ਅਬ ਮੋਹਿ ਧਨੁ ਪਾਇਓ ਹਰਿ ਨਾਮਾ॥		Ab Mohi Dhhan Paaeiou Har Naamaa ||	Now I have obtained the wealth of the Lord's Name.	(ਗੁਰੂ ਦੀ ਕਿਰਪਾ ਨਾਲ) ਹੁਣ ਮੈਂ ਪਰਮਾਤਮਾ ਦਾ ਨਾਮ-ਧਨ ਲੱਭ ਲਿਆ ਹੈ।

52193	1211	ਭਏ ਅਚਿੰਤ ਤ੍ਰਿਸਨ ਸਭ ਬੁਝੀ ਹੈ ਇਹੁ ਲਿਖਿਓ ਲੇਖੁ ਮਥਾਮਾ॥੧॥ਰਹਾਉ॥	ਬੁਝੀ: ਪੋਲਾ ਬੋਲੋ	Bheae Achinth Thrisan Sabh Bujhee Hai Eihu Likhiou Laekh Mathhaamaa ||1|| Rehaao ||	I have become carefree, and all my thirsty desires are satisfied. Such is the destiny written on my forehead. ||1||Pause||	(ਇਸ ਧਨ ਦੀ ਬਰਕਤਿ ਨਾਲ) ਮੈਂ ਬੇ-ਫ਼ਿਕਰ ਹੋ ਗਿਆ ਹਾਂ, (ਮੇਰੇ ਅੰਦਰੋਂ) ਸਾਰੀ (ਮਾਇਆ ਦੀ) ਤ੍ਰਿਸ਼ਨਾ ਮਿਟ ਗਈ ਹੈ (ਧੁਰ ਦਰਗਾਹ ਤੋਂ ਹੀ) ਇਹ (ਪ੍ਰਾਪਤੀ ਦਾ) ਲੇਖ ਮੱਥੇ ਉੱਤੇ ਲਿਖਿਆ ਹੋਇਆ ਸੀ ॥੧॥ ਰਹਾਉ ॥
52194	1211	ਖੋਜਤ ਖੋਜਤ ਭਇਓ ਬੈਰਾਗੀ ਫਿਰਿ ਆਇਓ ਦੇਹ ਗਿਰਾਮਾ॥		Khojath Khojath Bhaeiou Bairaagee Fir Aaeiou Dhaeh Giraamaa ||	Searching and searching, I became depressed; I wandered all around, and finally came back to my body-village.	ਭਾਲ ਕਰਦਾ ਕਰਦਾ ਮੈਂ ਤਾਂ ਵੈਰਾਗੀ ਹੀ ਹੋ ਗਿਆ ਸਾਂ, ਆਖ਼ਿਰ ਭਟਕ ਭਟਕ ਕੇ (ਗੁਰੂ ਦੀ ਕਿਰਪਾ ਨਾਲ) ਮੈਂ ਸਰੀਰ-ਪਿੰਡ ਵਿਚ ਆ ਪਹੁੰਚਿਆ।
52195	1211	ਗੁਰਿ ਕ੍ਰਿਪਾਲਿ ਸਉਦਾ ਇਹੁ ਜੋਰਿਓ ਹਥਿ ਚਰਿਓ ਲਾਲੁ ਅਗਾਮਾ॥੧॥		Gur Kirapaal Soudhaa Eihu Joriou Hathh Chariou Laal Agaamaa ||1||	The Merciful Guru made this deal, and I have obtained the priceless jewel. ||1||	ਕਿਰਪਾਲ ਗੁਰੂ ਨੇ ਇਹ ਵਣਜ ਕਰਾ ਦਿੱਤਾ ਕਿ (ਸਰੀਰ ਦੇ ਅੰਦਰੋਂ ਹੀ) ਮੈਨੂੰ ਪਰਮਾਤਮਾ ਦਾ ਨਾਮ ਅਮੋਲਕ ਲਾਲ ਮਿਲ ਗਿਆ ॥੧॥
52196	1211	ਆਨ ਬਾਪਾਰ ਬਨਜ ਜੋ ਕਰੀਅਹਿ ਤੇਤੇ ਦੂਖ ਸਹਾਮਾ॥	ਕਰੀ-ਅਹਿ	Aan Baapaar Banaj Jo Kareeahi Thaethae Dhookh Sehaamaa ||	The other deals and trades which I did, brought only sorrow and suffering.	(ਪਰਮਾਤਮਾ ਦੇ ਨਾਮ ਤੋਂ ਬਿਨਾ) ਹੋਰ ਜਿਹੜੇ ਜਿਹੜੇ ਭੀ ਵਣਜ ਵਪਾਰ ਕਰੀਦੇ ਹਨ, ਉਹ ਸਾਰੇ ਦੁੱਖ ਸਹਾਰਨ (ਦਾ ਸਬਬ ਬਣਦੇ ਹਨ)।

52197	1211	ਗੋਬਿਦ ਭਜਨ ਕੇ ਨਿਰਭੈ ਵਾਪਾਰੀ ਹਰਿ ਰਾਸਿ ਨਾਨਕ ਰਾਮ ਨਾਮਾ॥੨॥੧੨॥੩੫॥		Gobidh Bhajan Kae Nirabhai Vaapaaree Har Raas Naanak Raam Naamaa ||2||12||35||	Fearless are those traders who deal in meditation on the Lord of the Universe. O Nanak, the Lord's Name is their capital. ||2||12||35||	ਹੇ ਨਾਨਕ! ਪਰਮਾਤਮਾ ਦੇ ਭਜਨ ਦੇ ਵਪਾਰੀ ਬੰਦੇ (ਦੁਨੀਆ ਦੇ) ਡਰਾਂ ਤੋਂ ਬਚੇ ਰਹਿੰਦੇ ਹਨ। ਉਹਨਾਂ ਦੇ ਪਾਸ ਪਰਮਾਤਮਾ ਦੇ ਨਾਮ ਦਾ ਸਰਮਾਇਆ ਟਿਕਿਆ ਰਹਿੰਦਾ ਹੈ ॥੨॥੧੨॥੩੫॥
52198	1211	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52199	1211	ਮੇਰੈ ਮਨਿ ਮਿਸਟ ਲਗੇ ਪ੍ਰਿਅ ਬੋਲਾ॥	ਬੋੱਲਾ	Maerai Man Misatt Lagae Pria Bolaa ||	The Speech of my Beloved seems so sweet to my mind.	ਤਦੋਂ ਤੋਂ ਮੇਰੇ ਮਨ ਵਿਚ ਪਿਆਰੇ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਬਚਨ ਮਿੱਠੇ ਲੱਗ ਰਹੇ ਹਨ।
52200	1211	ਗੁਰਿ ਬਾਹ ਪਕਰਿ ਪ੍ਰਭ ਸੇਵਾ ਲਾਏ ਸਦ ਦਇਆਲੁ ਹਰਿ ਢੋਲਾ॥੧॥ਰਹਾਉ॥	ਬਾਂਹ	Gur Baah Pakar Prabh Saevaa Laaeae Sadh Dhaeiaal Har Dtolaa ||1|| Rehaao ||	The Guru has taken hold of my arm, and linked me to God's service. My Beloved Lord is forever merciful to me. ||1||Pause||	ਜਦੋਂ ਤੋਂ ਗੁਰੂ ਨੇ (ਮੇਰੀ) ਬਾਂਹ ਫੜ ਕੇ (ਮੈਨੂੰ) ਪ੍ਰਭੂ ਦੀ ਸੇਵਾ-ਭਗਤੀ ਵਿਚ ਲਾਇਆ ਹੈ, (ਹੁਣ ਮੈਨੂੰ ਇਉਂ ਸਮਝ ਆ ਗਈ ਹੈ ਕਿ) ਪਿਆਰਾ ਹਰੀ ਸਦਾ ਹੀ (ਮੇਰੇ ਉੱਤੇ) ਦਇਆਵਾਨ ਹੈ ॥੧॥ ਰਹਾਉ ॥

52201	1211	ਪ੍ਰਭ ਤੂ ਠਾਕੁਰੁ ਸਰਬ ਪ੍ਰਤਿਪਾਲਕੁ ਮੋਹਿ ਕਲਤ੍ਰ ਸਹਿਤ ਸਭਿ ਗੋਲਾ॥	ਕ-ਲੱਤ੍ਰ। ਗੋੱਲਾ	Prabh Thoo Thaakur Sarab Prathipaalak Mohi Kalathr Sehith Sabh Golaa ||	O God, You are my Lord and Master; You are the Cherisher of all. My wife and I are totally Your slaves.	ਹੇ ਪ੍ਰਭੂ! (ਜਦ ਤੋਂ ਗੁਰੂ ਨੇ ਮੈਨੂੰ ਤੇਰੀ ਸੇਵਾ ਵਿਚ ਲਾਇਆ ਹੈ, ਮੈਨੂੰ ਯਕੀਨ ਹੋ ਗਿਆ ਹੈ ਕਿ) ਤੂੰ (ਸਾਡਾ) ਮਾਲਕ ਹੈਂ, ਤੂੰ ਸਭ ਜੀਵਾਂ ਦਾ ਪਾਲਣਹਾਰ ਹੈਂ। ਮੈਂ (ਆਪਣੀ) ਇਸਤ੍ਰੀ (ਪਰਵਾਰ) ਸਮੇਤ-ਅਸੀਂ ਸਾਰੇ ਤੇਰੇ ਗ਼ੁਲਾਮ ਹਾਂ।
52202	1211	ਮਾਣੁ ਤਾਣੁ ਸਭੁ ਤੂਹੈ ਤੂਹੈ ਇਕੁ ਨਾਮੁ ਤੇਰਾ ਮੈ ਓਲ੍ਹਾ॥੧॥		Maan Thaan Sabh Thoohai Thoohai Eik Naam Thaeraa Mai Oulhaa ||1||	You are all my honor and power - You are. Your Name is my only Support. ||1||	ਹੇ ਪ੍ਰਭੂ! ਤੂੰ ਹੀ ਮੇਰਾ ਮਾਣ ਹੈਂ, ਤੂੰ ਹੀ ਮੇਰਾ ਤਾਣ ਹੈਂ। ਤੇਰਾ ਨਾਮ ਹੀ ਮੇਰਾ ਸਹਾਰਾ ਹੈ ॥੧॥
52203	1211	ਜੇ ਤਖਤਿ ਬੈਸਾਲਹਿ ਤਉ ਦਾਸ ਤੁਮ੍ਹਾਰੇ ਘਾਸੁ ਬਢਾਵਹਿ ਕੇਤਕ ਬੋਲਾ॥		Jae Thakhath Baisaalehi Tho Dhaas Thumhaarae Ghaas Badtaavehi Kaethak Bolaa ||	If You seat me on the throne, then I am Your slave. If You make me a grass-cutter, then what can I say?	ਜੇ ਤੂੰ ਮੈਨੂੰ ਤਖ਼ਤ ਉੱਤੇ ਬਿਠਾ ਦੇਵੇਂ, ਤਾਂ ਭੀ ਮੈਂ ਤੇਰਾ ਦਾਸ ਹਾਂ, ਜੇ ਤੂੰ (ਮੈਨੂੰ ਘਾਹੀ ਬਣਾ ਕੇ ਮੈਥੋਂ) ਘਾਹ ਵਢਾਏਂ, ਤਾਂ ਭੀ ਮੈਨੂੰ ਕੋਈ ਇਤਰਾਜ਼ ਨਹੀਂ।

52204	1211	ਜਨ ਨਾਨਕ ਕੇ ਪ੍ਰਭ ਪੁਰਖ ਬਿਧਾਤੇ ਮੇਰੇ ਠਾਕੁਰ ਅਗਹ ਅਤੋਲਾ॥੨॥੧੩॥੩੬॥		Jan Naanak Kae Prabh Purakh Bidhhaathae Maerae Thaakur Ageh Atholaa ||2||13||36||	Servant Nanak's God is the Primal Lord, the Architect of Destiny, Unfathomable and Immeasurable. ||2||13||36||	ਹੇ ਦਾਸ ਨਾਨਕ ਦੇ ਪ੍ਰਭੂ! ਹੇ ਅਕਾਲ ਪੁਰਖ! ਹੇ ਰਚਨਹਾਰ! ਹੇ ਮੇਰੇ ਅਥਾਹ ਤੇ ਅਤੋਲ ਠਾਕੁਰ! ਹੇ ਪ੍ਰਭੂ! (ਮੈਂ ਤੇਰੀ ਰਜ਼ਾ ਵਿੱਚ ਹੀ ਰਾਜ਼ੀ ਹਾਂ) ॥੨॥੧੩॥੩੬॥
52205	1211	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52206	1211	ਰਸਨਾ ਰਾਮ ਕਹਤ ਗੁਣ ਸੋਹੰ॥		Rasanaa Raam Kehath Gun Sohan ||	The tongue becomes beautiful, uttering the Glorious Praises of the Lord.	ਪਰਮਾਤਮਾ ਦੇ ਗੁਣ ਉਚਾਰਦਿਆਂ ਜੀਭ ਸੋਹਣੀ ਲੱਗਦੀ ਹੈ।
52207	1211	ਏਕ ਨਿਮਖ ਓਪਾਇ ਸਮਾਵੈ ਦੇਖਿ ਚਰਿਤ ਮਨ ਮੋਹੰ॥੧॥ਰਹਾਉ॥	ਚਰਿਤ: ਪੋਲਾ ਬੋਲੋ ਮਿਲਵਾਂ	Eaek Nimakh Oupaae Samaavai Dhaekh Charith Man Mohan ||1|| Rehaao ||	In an instant, He creates and destroys. Gazing upon His Wondrous Plays, my mind is fascinated. ||1||Pause||	ਉਹ ਪ੍ਰਭੂ ਅੱਖ ਝਮਕਣ ਜਿਤਨੇ ਸਮੇ ਵਿਚ ਪੈਦਾ ਕਰ ਕੇ (ਮੁੜ ਆਪਣੇ ਵਿਚ ਜਗਤ ਨੂੰ) ਲੀਨ ਕਰ ਸਕਦਾ ਹੈ। ਉਸ ਦੇ ਚੋਜ-ਤਮਾਸ਼ੇ ਵੇਖ ਕੇ ਮਨ ਮੋਹਿਆ ਜਾਂਦਾ ਹੈ ॥੧॥ ਰਹਾਉ ॥
52208	1211	ਜਿਸੁ ਸੁਣਿਐ ਮਨਿ ਹੋਇ ਰਹਸੁ ਅਤਿ ਰਿਦੈ ਮਾਨ ਦੁਖ ਜੋਹੰ॥	ਰਹਸ:ਪੋਲਾ ਬੋਲੋ ਮਿਲਵਾਂ। ਅਤਿ: ਪੋਲਾ ਬੋਲੋ	Jis Suniai Man Hoe Rehas Ath Ridhai Maan Dhukh Johan ||	Listening to His Praises, my mind is in utter ecstasy, and my heart is rid of pride and pain.	(ਹੇ ਪ੍ਰਭੂ! ਤੂੰ ਐਸਾ ਹੈਂ) ਜਿਸ ਦਾ ਨਾਮ ਸੁਣਿਆਂ ਮਨ ਵਿਚ ਬਹੁਤ ਖ਼ੁਸ਼ੀ ਪੈਦਾ ਹੁੰਦੀ ਹੈ, ਜਿਸ ਨੂੰ ਹਿਰਦੇ ਵਿਚ ਵਸਾਇਆਂ ਸਾਰੇ ਦੁੱਖਾਂ ਦਾ ਨਾਸ ਹੋ ਜਾਂਦਾ ਹੈ।

52209	1211	ਸੁਖੁ ਪਾਇਓ ਦੁਖੁ ਦੂਰਿ ਪਰਾਇਓ ਬਣਿ ਆਈ ਪ੍ਰਭ ਤੋਹੰ॥੧॥		Sukh Paaeiou Dhukh Dhoor Paraaeiou Ban Aaee Prabh Thohan ||1||	I have found peace, and my pains have been taken away, since I became one with God. ||1||	ਹੇ ਪ੍ਰਭੂ! ਜਿਸ ਮਨੁੱਖ ਦੀ ਪ੍ਰੀਤ ਤੇਰੇ ਨਾਲ ਬਣ ਜਾਂਦੀ ਹੈ, ਉਸ ਦਾ ਸਾਰਾ ਦੁੱਖ ਦੂਰ ਹੋ ਜਾਂਦਾ ਹੈ, ਉਹ ਸਦਾ ਸੁਖ ਮਾਣਦਾ ਹੈ ॥੧॥
52210	1211	ਕਿਲਵਿਖ ਗਏ ਮਨ ਨਿਰਮਲ ਹੋਈ ਹੈ ਗੁਰਿ ਕਾਢੇ ਮਾਇਆ ਦ੍ਰੋਹੰ॥		Kilavikh Geae Man Niramal Hoee Hai Gur Kaadtae Maaeiaa Dhrohan ||	Sinful resides have been wiped away, and my mind is immaculate. The Guru has lifted me up and pulled me out of the deception of Maya.	(ਜਿਸ ਮਨੁੱਖ ਨੇ ਜੀਭ ਨਾਲ ਰਾਮ-ਗੁਣ ਗਾਏ, ਉਸ ਦੇ ਅੰਦਰੋਂ) ਗੁਰੂ ਨੇ ਮਾਇਆ ਦੇ ਛਲ ਕੱਢ ਦਿੱਤੇ, ਉਸ ਦੇ ਸਾਰੇ ਪਾਪ ਦੂਰ ਹੋ ਗਏ, ਉਸ ਦਾ ਮਨ ਪਵਿੱਤਰ ਹੋ ਗਿਆ।
52211	1211	ਕਹੁ ਨਾਨਕ ਮੈ ਸੋ ਪ੍ਰਭੁ ਪਾਇਆ ਕਰਣ ਕਾਰਣ ਸਮਰਥੋਹੰ ॥੨॥੧੪॥੩੭॥	ਸਮ-ਰੱਥੋਹੰ	Kahu Naanak Mai So Prabh Paaeiaa Karan Kaaran Samarathhohan ||2||14||37||	Says Nanak, I have found God, the All-powerful Creator, the Cause of causes. ||2||14||37||	ਨਾਨਕ ਆਖਦਾ ਹੈ- (ਗੁਰੂ ਦੀ ਕਿਰਪਾ ਨਾਲ) ਮੈਂ ਉਹ ਪਰਮਾਤਮਾ ਲੱਭ ਲਿਆ ਹੈ, ਜੋ ਜਗਤ ਦਾ ਮੂਲ ਹੈ ਜੋ ਸਾਰੀਆਂ ਤਾਕਤਾਂ ਦਾ ਮਾਲਕ ਹੈ ॥੨॥੧੪॥੩੭॥
52212	1211	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52213	1211	ਨੈਨਹੁ ਦੇਖਿਓ ਚਲਤੁ ਤਮਾਸਾ॥		Nainahu Dhaekhiou Chalath Thamaasaa ||	With my eyes, I have seen the marvellous wonders of the Lord.	(ਮੈਂ ਆਪਣੀ) ਅੱਖੀਂ (ਪਰਮਾਤਮਾ ਦਾ ਅਜਬ) ਕੌਤਕ ਵੇਖਿਆ ਹੈ (ਅਜਬ) ਤਮਾਸ਼ਾ ਵੇਖਿਆ ਹੈ।

52214	1211	ਸਭਹੂ ਦੂਰਿ ਸਭਹੂ ਤੇ ਨੇਰੈ ਅਗਮ ਅਗਮ ਘਟ ਵਾਸਾ॥੧॥ਰਹਾਉ॥		Sabh Hoo Dhoor Sabh Hoo Thae Naerai Agam Agam Ghatt Vaasaa ||1|| Rehaao ||	He is far from all, and yet near to all. He is Inaccessible and Unfathomable, and yet He dwells in the heart. ||1||Pause||	ਉਹ ਪਰਮਾਤਮਾ (ਨਿਰਲੇਪ ਹੋਣ ਦੇ ਕਾਰਨ) ਸਭਨਾਂ ਜੀਵਾਂ ਤੋਂ ਦੂਰ (ਵੱਖਰਾ) ਹੈ, (ਸਰਬ-ਵਿਆਪਕ ਹੋਣ ਦੇ ਕਾਰਨ ਉਹ) ਸਭ ਜੀਵਾਂ ਤੋਂ ਨੇੜੇ, ਉਹ ਅਪਹੁੰਚ ਹੈ ਅਪਹੁੰਚ ਹੈ, ਪਰ ਉਂਞ ਸਭ ਸਰੀਰਾਂ ਵਿਚ ਉਸ ਦਾ ਨਿਵਾਸ ਹੈ ॥੧॥ ਰਹਾਉ ॥
52215	1211	ਅਭੂਲੁ ਨ ਭੂਲੈ ਲਿਖਿਓ ਨ ਚਲਾਵੈ ਮਤਾ ਨ ਕਰੈ ਪਚਾਸਾ॥	ਅ-ਭੂਲੁ। (ਪਚਾਸਾ) ਸਲਾਹਕਾਰ। ਮਤਾ:ਪੋਲਾ ਬੋਲੋ। ਪਚੱਾਸਾ	Abhool N Bhoolai Likhiou N Chalaavai Mathaa N Karai Pachaasaa ||	The Infallible Lord never makes a mistake. He does not have to write His Orders, and He does not have to consult with anyone.	ਉਹ ਪਰਮਾਤਮਾ ਭੁੱਲਾਂ ਤੋਂ ਰਹਿਤ ਹੈ, ਉਹ ਕਦੇ ਕੋਈ ਗ਼ਲਤੀ ਨਹੀਂ ਕਰਦਾ, ਨਾਹ ਉਹ ਕੋਈ ਲਿਖਿਆ ਹੋਇਆ ਹੁਕਮ ਚਲਾਂਦਾ ਹੈ, ਨਾਹ ਉਹ ਬਹੁਤੀਆਂ ਸਲਾਹਾਂ ਹੀ ਕਰਦਾ ਹੈ।
52216	1211	ਖਿਨ ਮਹਿ ਸਾਜਿ ਸਵਾਰਿ ਬਿਨਾਹੈ ਭਗਤਿ ਵਛਲ ਗੁਣਤਾਸਾ॥੧॥		Khin Mehi Saaj Savaar Binaahai Bhagath Vashhal Gunathaasaa ||1||	In an instant, He creates, embellishes and destroys. He is the Lover of His devotees, the Treasure of Excellence. ||1||	ਉਹ ਤਾਂ ਇਕ ਖਿਨ ਵਿਚ ਪੈਦਾ ਕਰ ਕੇ ਸੋਹਣਾ ਬਣਾ ਕੇ (ਖਿਨ ਵਿਚ ਹੀ) ਨਾਸ ਕਰ ਦੇਂਦਾ ਹੈ। ਉਹ ਪਰਮਾਤਮਾ ਭਗਤੀ ਨਾਲ ਪਿਆਰ ਕਰਨ ਵਾਲਾ ਹੈ, ਅਤੇ (ਬੇਅੰਤ) ਗੁਣਾਂ ਦਾ ਖ਼ਜ਼ਾਨਾ ਹੈ ॥੧॥
52217	1211	ਅੰਧ ਕੂਪ ਮਹਿ ਦੀਪਕੁ ਬਲਿਓ ਗੁਰਿ ਰਿਦੈ ਕੀਓ ਪਰਗਾਸਾ॥		Andhh Koop Mehi Dheepak Baliou Gur Ridhai Keeou Paragaasaa ||	Lighting the lamp in the deep dark pit, the Guru illumines and enlightens the heart.	ਗੁਰੂ ਨੇ (ਜਿਸ ਮਨੁੱਖ ਦੇ) ਹਿਰਦੇ ਵਿਚ (ਪਰਮਾਤਮਾ ਦੇ ਨਾਮ ਦਾ) ਚਾਨਣ ਕਰ ਦਿੱਤਾ (ਉੱਥੇ, ਮਾਨੋ) ਘੁੱਪ ਹਨੇਰੇ ਵਾਲੇ ਖੂਹ ਵਿਚ ਦੀਵਾ ਬਲ ਪਿਆ।

52218	1212	ਕਹੁ ਨਾਨਕ ਦਰਸੁ ਪੇਖਿ ਸੁਖੁ ਪਾਇਆ ਸਭ ਪੂਰਨ ਹੋਈ ਆਸਾ॥੨॥੧੫॥੩੮॥		Kahu Naanak Dharas Paekh Sukh Paaeiaa Sabh Pooran Hoee Aasaa ||2||15||38||	Says Nanak, gazing upon the Blessed Vision of His Darshan, I have found peace, and all my hopes have been fulfilled. ||2||15||38||	ਨਾਨਕ ਆਖਦਾ ਹੈ- (ਉਸ ਪਰਮਾਤਮਾ ਦਾ) ਦਰਸਨ ਕਰ ਕੇ ਮੈਂ ਆਤਮਕ ਆਨੰਦ ਪ੍ਰਾਪਤ ਕਰ ਲਿਆ ਹੈ, ਮੇਰੀ ਹਰੇਕ ਆਸ ਪੂਰੀ ਹੋ ਗਈ ਹੈ ॥੨॥੧੫॥੩੮॥
52219	1212	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52220	1212	ਚਰਨਹ ਗੋਬਿੰਦ ਮਾਰਗੁ ਸੁਹਾਵਾ॥		Charaneh Gobindh Maarag Suhaavaa ||	The most beautiful path for the feet is to follow the Lord of the Universe.	ਪੈਰਾਂ ਨਾਲ (ਨਿਰਾ) ਪਰਮਾਤਮਾ ਦਾ ਰਸਤਾ (ਹੀ ਤੁਰਨਾ) ਸੋਹਣਾ ਲੱਗਦਾ ਹੈ।
52221	1212	ਆਨ ਮਾਰਗ ਜੇਤਾ ਕਿਛੁ ਧਾਈਐ ਤੇਤੋ ਹੀ ਦੁਖੁ ਹਾਵਾ॥੧॥ਰਹਾਉ॥		Aan Maarag Jaethaa Kishh Dhhaaeeai Thaetho Hee Dhukh Haavaa ||1|| Rehaao ||	The more you walk on any other path, the more you suffer in pain. ||1||Pause||	ਹੋਰ ਅਨੇਕਾਂ ਰਸਤਿਆਂ ਉੱਤੇ ਜਿਤਨੀ ਭੀ ਦੌੜ-ਭੱਜ ਕਰੀਦੀ ਹੈ, ਉਤਨਾ ਹੀ ਦੁੱਖ ਲੱਗਦਾ ਹੈ, ਉਤਨਾ ਹੀ ਹਾਹੁਕਾ ਲੱਗਦਾ ਹੈ ॥੧॥ ਰਹਾਉ ॥
52222	1212	ਨੇਤ੍ਰ ਪੁਨੀਤ ਭਏ ਦਰਸੁ ਪੇਖੇ ਹਸਤ ਪੁਨੀਤ ਟਹਲਾਵਾ॥		Naethr Puneeth Bheae Dharas Paekhae Hasath Puneeth Ttehalaavaa ||	The eyes are sanctified, gazing upon the Blessed Vision of the Lord's Darshan. Serving Him, the hands are sanctified.	ਪਰਮਾਤਮਾ ਦਾ ਦਰਸਨ ਕੀਤਿਆਂ ਅੱਖਾਂ ਪਵਿੱਤਰ ਹੋ ਜਾਂਦੀਆਂ ਹਨ, (ਪਰਮਾਤਮਾ ਦੇ ਸੰਤ ਜਨਾਂ ਦੀ) ਟਹਲ ਕੀਤਿਆਂ ਹੱਥ ਪਵਿੱਤਰ ਹੋ ਜਾਂਦੇ ਹਨ।

52223	1212	ਰਿਦਾ ਪੁਨੀਤ ਰਿਦੈ ਹਰਿ ਬਸਿਓ ਮਸਤ ਪੁਨੀਤ ਸੰਤ ਧੂਰਾਵਾ॥੧॥		Ridhaa Puneeth Ridhai Har Basiou Masath Puneeth Santh Dhhooraavaa ||1||	The heart is sanctified, when the Lord abides within the heart; that forehead which touches the dust of the feet of the Saints is sanctified. ||1||	ਜਿਸ ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ ਉਹ ਹਿਰਦਾ ਪਵਿੱਤਰ ਹੋ ਜਾਂਦਾ ਹੈ, ਉਹ ਮੱਥਾ ਪਵਿੱਤਰ ਹੋ ਜਾਂਦਾ ਹੈ ਜਿਸ ਉਤੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਲੱਗਦੀ ਹੈ ॥੧॥
52224	1212	ਸਰਬ ਨਿਧਾਨ ਨਾਮਿ ਹਰਿ ਹਰਿ ਕੈ ਜਿਸੁ ਕਰਮਿ ਲਿਖਿਆ ਤਿਨਿ ਪਾਵਾ॥		Sarab Nidhhaan Naam Har Har Kai Jis Karam Likhiaa Thin Paavaa ||	All treasures are in the Name of the Lord, Har, Har; he alone obtains it, who has it written in his karma.	ਪਰਮਾਤਮਾ ਦੇ ਨਾਮ ਵਿਚ ਸਾਰੇ (ਹੀ) ਖ਼ਜ਼ਾਨੇ ਹਨ, ਜਿਸ ਮਨੁੱਖ ਦੇ ਮੱਥੇ ਉਤੇ (ਪਰਮਾਤਮਾ ਨੇ ਆਪਣੀ) ਮਿਹਰ ਨਾਲ (ਨਾਮ ਦੀ ਪ੍ਰਾਪਤੀ ਦਾ ਲੇਖ) ਲਿਖ ਦਿੱਤਾ, ਉਸ ਮਨੁੱਖ ਨੇ (ਨਾਮ) ਪ੍ਰਾਪਤ ਕਰ ਲਿਆ।
52225	1212	ਜਨ ਨਾਨਕ ਕਉ ਗੁਰੁ ਪੂਰਾ ਭੇਟਿਓ ਸੁਖਿ ਸਹਜੇ ਅਨਦ ਬਿਹਾਵਾ॥੨॥੧੬॥੩੯॥		Jan Naanak Ko Gur Pooraa Bhaettiou Sukh Sehajae Anadh Bihaavaa ||2||16||39||	Servant Nanak has met with the Perfect Guru; he passes his life-night in peace, poise and pleasure. ||2||16||39||	ਹੇ ਨਾਨਕ! ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪਿਆ (ਉਸ ਨੂੰ ਪ੍ਰਭੂ ਦਾ ਨਾਮ ਮਿਲ ਗਿਆ, ਤੇ ਉਸ ਦੀ ਜ਼ਿੰਦਗੀ) ਸੁਖ ਵਿਚ ਆਤਮਕ ਅਡੋਲਤਾ ਵਿਚ ਆਨੰਦ ਵਿਚ ਗੁਜ਼ਰਨ ਲੱਗ ਪਈ ॥੨॥੧੬॥੩੯॥
52226	1212	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52227	1212	ਧਿਆਇਓ ਅੰਤਿ ਬਾਰ ਨਾਮੁ ਸਖਾ॥	(ਸਖਾ) ਪਿਆਰੇ ਮਿੱਤ੍ਰ। ਸਖਾ: ਪੋਲਾ ਬੋਲੋ	Dhhiaaeiou Anth Baar Naam Sakhaa ||	Meditate on the Naam, the Name of the Lord; at the very last instant, it shall be your Help and Support.	(ਪਰਮਾਤਮਾ ਦਾ) ਨਾਮ ਹੀ (ਅਸਲ) ਸਾਥੀ ਹੈ। (ਜਿਸ ਮਨੁੱਖ ਨੇ) ਅੰਤ ਵੇਲੇ (ਇਸ ਨਾਮ ਨੂੰ) ਸਿਮਰਿਆ, (ਉਸ ਦਾ ਸਾਥੀ ਬਣਿਆ)।
52228	1212	ਜਹ ਮਾਤ ਪਿਤਾ ਸੁਤ ਭਾਈ ਨ ਪਹੁਚੈ ਤਹਾ ਤਹਾ ਤੂ ਰਖਾ॥੧॥ਰਹਾਉ॥	ਰੱਖਾ	Jeh Maath Pithaa Suth Bhaaee N Pahuchai Thehaa Thehaa Thoo Rakhaa ||1|| Rehaao ||	In that place where your mother, father, children and siblings shall be of no use to you at all, there, the Name alone shall save you. ||1||Pause||	ਜਿੱਥੇ ਮਾਂ, ਪਿਉ, ਪੁੱਤਰ, ਭਰਾ, ਕੋਈ ਭੀ ਪਹੁੰਚ ਨਹੀਂ ਸਕਦਾ, ਉੱਥੇ ਉੱਥੇ (ਇਹ ਹਰਿ-ਨਾਮ ਹੀ) ਤੈਨੂੰ ਰੱਖ ਸਕਦਾ ਹੈ (ਤੇਰੀ ਰਾਖੀ ਕਰਦਾ ਹੈ) ॥੧॥ ਰਹਾਉ ॥
52229	1212	ਅੰਧ ਕੂਪ ਗ੍ਰਿਹ ਮਹਿ ਤਿਨਿ ਸਿਮਰਿਓ ਜਿਸੁ ਮਸਤਕਿ ਲੇਖੁ ਲਿਖਾ॥	ਗ੍ਰਿ ਹ	Andhh Koop Grih Mehi Thin Simariou Jis Masathak Laekh Likhaa ||	He alone meditates on the Lord in the deep dark pit of his own household, upon whose forehead such destiny is written.	(ਮਾਇਆ ਦੇ ਮੋਹ ਦੇ) ਅੰਨ੍ਹੇ ਖੂਹ ਹਿਰਦੇ-ਘਰ ਵਿਚ (ਸਿਰਫ਼) ਉਸ (ਮਨੁੱਖ) ਨੇ (ਹੀ ਹਰਿ-ਨਾਮ) ਸਿਮਰਿਆ ਹੈ ਜਿਸ ਦੇ ਮੱਥੇ ਉੱਤੇ (ਨਾਮ ਸਿਮਰਨ ਦਾ) ਲੇਖ (ਧੁਰੋਂ) ਲਿਖਿਆ ਗਿਆ।
52230	1212	ਖੂਲ੍ਹੇ ਬੰਧਨ ਮੁਕਤਿ ਗੁਰਿ ਕੀਨੀ ਸਭ ਤੂਹੈ ਤੁਹੀ ਦਿਖਾ॥੧॥	ਦਿਖਾ: ਪੋਲਾ ਬੋਲੋ	Khoolhae Bandhhan Mukath Gur Keenee Sabh Thoohai Thuhee Dhikhaa ||1||	His bonds are loosened, and the Guru liberates him. He sees You, O Lord, everywhere. ||1||	(ਉਸ ਮਨੁੱਖ ਦੀਆਂ) ਮਾਇਆ ਦੇ ਮੋਹ ਦੀਆਂ ਫਾਹੀਆਂ ਖੁਲ੍ਹ ਗਈਆਂ, ਗੁਰੂ ਨੇ ਉਸ ਨੂੰ (ਮੋਹ ਤੋਂ) ਖ਼ਲਾਸੀ ਦਿਵਾ ਦਿੱਤੀ, ਉਸ ਨੂੰ ਇਉਂ ਦਿੱਸ ਪਿਆ (ਕਿ ਹੇ ਪ੍ਰਭੂ!) ਸਭ ਥਾਈਂ ਤੂੰ ਹੀ ਹੈਂ ਤੂੰ ਹੀ ਹੈਂ ॥੧॥

52231	1212	ਅੰਮ੍ਰਿਤ ਨਾਮੁ ਪੀਆ ਮਨੁ ਤ੍ਰਿਪਤਿਆ ਆਘਾਏ ਰਸਨ ਚਖਾ॥	ਚੱਖਾ	Anmrith Naam Peeaa Man Thripathiaa Aaghaaeae Rasan Chakhaa ||	Drinking in the Ambrosial Nectar of the Naam, his mind is satisfied. Tasting it, his tongue is satiated.	ਜਿਸ ਮਨੁੱਖ ਨੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਲਿਆ, ਉਸ ਦਾ ਮਨ ਸ਼ਾਂਤ ਹੋ ਗਿਆ, ਉਸ ਦੀ ਜੀਭ ਨਾਮ-ਜਲ ਚੱਖ ਕੇ ਰੱਜ ਗਈ।
52232	1212	ਕਹੁ ਨਾਨਕ ਸੁਖ ਸਹਜੁ ਮੈ ਪਾਇਆ ਗੁਰਿ ਲਾਹੀ ਸਗਲ ਤਿਖਾ॥੨॥੧੭॥੪੦॥	ਤਿਖਾ: ਪੋਲਾ ਬੋਲੋ	Kahu Naanak Sukh Sehaj Mai Paaeiaa Gur Laahee Sagal Thikhaa ||2||17||40||	Says Nanak, I have obtained celestial peace and poise; the Guru has quenched all my thirst. ||2||17||40||	ਨਾਨਕ ਆਖਦਾ ਹੈ- (ਹਰਿ-ਨਾਮ ਦੀ ਦਾਤ ਦੇ ਕੇ) ਗੁਰੂ ਨੇ ਮੇਰੀ ਸਾਰੀ ਤ੍ਰਿਸ਼ਨਾ ਦੂਰ ਕਰ ਦਿੱਤੀ ਹੈ, ਮੈਂ ਸਾਰੇ ਸੁਖ ਦੇਣ ਵਾਲੀ ਆਤਮਕ ਅਡੋਲਤਾ ਹਾਸਲ ਕਰ ਲਈ ਹੈ ॥੨॥੧੭॥੪੦॥
52233	1212	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52234	1212	ਗੁਰ ਮਿਲਿ ਐਸੇ ਪ੍ਰਭੂ ਧਿਆਇਆ॥		Gur Mil Aisae Prabhoo Dhhiaaeiaa ||	Meeting the Guru, I meditate on God in such a way,	(ਜਿਸ ਮਨੁੱਖ ਨੇ) ਗੁਰੂ ਨੂੰ ਮਿਲ ਕੇ ਇਉਂ (ਹਰੇਕ ਸਾਹ ਦੇ ਨਾਲ) ਪਰਮਾਤਮਾ ਦਾ ਸਿਮਰਨ ਕੀਤਾ,

52235	1212	ਭਇਓ ਕ੍ਰਿਪਾਲੁ ਦਇਆਲੁ ਦੁਖਭੰਜਨੁ ਲਗੈ ਨ ਤਾਤੀ ਬਾਇਆ॥੧॥ਰਹਾਉ ॥		Bhaeiou Kirapaal Dhaeiaal Dhukh Bhanjan Lagai N Thaathee Baaeiaa ||1|| Rehaao ||	That He has become kind and compassionate to me. He is the Destroyer of pain; He does not allow the hot wind to even touch me. ||1||Pause||	ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਪਰਮਾਤਮਾ ਉਸ ਉੱਤੇ ਦਇਆਵਾਨ ਹੋਇਆ, ਉਸ ਮਨੁੱਖ ਨੂੰ (ਸਾਰੀ ਉਮਰ) ਤੱਤੀ 'ਵਾ ਨਹੀਂ ਲੱਗਦੀ (ਕੋਈ ਦੁੱਖ-ਕਲੇਸ਼ ਨਹੀਂ ਪੋਂਹਦਾ) ॥੧॥ ਰਹਾਉ ॥
52236	1212	ਜੇਤੇ ਸਾਸ ਸਾਸ ਹਮ ਲੇਤੇ ਤੇਤੇ ਹੀ ਗੁਣ ਗਾਇਆ॥		Jaethae Saas Saas Ham Laethae Thaethae Hee Gun Gaaeiaa ||	With each and every breath I take, I sing the Glorious Praises of the Lord.	ਜਿਤਨੇ ਭੀ ਸਾਹ ਅਸੀਂ (ਜੀਵ) ਲੈਂਦੇ ਹਾਂ, ਜਿਹੜਾ ਮਨੁੱਖ ਉਹ ਸਾਰੇ ਹੀ ਸਾਹ (ਲੈਂਦਿਆਂ) ਪਰਮਾਤਮਾ ਦੇ ਗੁਣ ਗਾਂਦਾ ਹੈ,
52237	1212	ਨਿਮਖ ਨ ਬਿਛੁਰੈ ਘਰੀ ਨ ਬਿਸਰੈ ਸਦ ਸੰਗੇ ਜਤ ਜਾਇਆ॥੧॥		Nimakh N Bishhurai Gharee N Bisarai Sadh Sangae Jath Jaaeiaa ||1||	He is not separated from me, even for an instant, and I never forget Him. He is always with me, wherever I go. ||1||	(ਜਿਹੜਾ ਮਨੁੱਖ ਪਰਮਾਤਮਾ ਤੋਂ) ਅੱਖ ਝਮਕਣ ਜਿਤਨੇ ਸਮੇ ਲਈ ਭੀ ਨਹੀਂ ਵਿੱਛੁੜਦਾ, (ਜਿਸ ਨੂੰ ਉਸ ਦੀ ਯਾਦ) ਇਕ ਘੜੀ ਭੀ ਨਹੀਂ ਭੁੱਲਦੀ, ਉਹ ਜਿੱਥੇ ਭੀ ਜਾਂਦਾ ਹੈ, ਪਰਮਾਤਮਾ ਉਸ ਨੂੰ ਸਦਾ ਆਪਣੇ ਨਾਲ ਦਿੱਸਦਾ ਹੈ ॥੧॥
52238	1212	ਹਉ ਬਲਿ ਬਲਿ ਬਲਿ ਬਲਿ ਚਰਨਕਮਲ ਕਉ ਬਲਿ ਬਲਿ ਗੁਰ ਦਰਸਾਇਆ॥		Ho Bal Bal Bal Bal Charan Kamal Ko Bal Bal Gur Dharasaaeiaa ||	I am a sacrifice, a sacrifice, a sacrifice to His Lotus Feet. I am a sacrifice, a sacrifice to the Blessed Vision of the Guru's Darshan.	ਮੈਂ ਪਰਮਾਤਮਾ ਦੇ ਸੋਹਣੇ ਚਰਨਾਂ ਤੋਂ ਸਦਾ ਹੀ ਸਦਾ ਹੀ ਸਦਕੇ ਜਾਂਦਾ ਹਾਂ, ਗੁਰੂ ਦੇ ਦਰਸਨ ਤੋਂ ਕੁਰਬਾਨ ਜਾਂਦਾ ਹਾਂ।

52239	1212	ਕਹੁ ਨਾਨਕ ਕਾਹੂ ਪਰਵਾਹਾ ਜਉ ਸੁਖਸਾਗਰੁ ਮੈ ਪਾਇਆ॥੨॥੧੮॥ ੪੧॥		Kahu Naanak Kaahoo Paravaahaa Jo Sukh Saagar Mai Paaeiaa ||2||18||41||	Says Nanak, I do not care about anything else; I have found the Lord, the Ocean of peace. ||2||18||41||	ਨਾਨਕ ਆਖਦਾ ਹੈ- ਜਦੋਂ ਤੋਂ ਮੈਂ (ਗੁਰੂ ਦੀ ਕਿਰਪਾ ਨਾਲ) ਸਾਰੇ ਸੁਖਾਂ ਦਾ ਸਮੁੰਦਰ ਪ੍ਰਭੂ ਲੱਭਾ ਹੈ, ਮੈਨੂੰ ਕਿਸੇ ਦੀ ਮੁਥਾਜੀ ਨਹੀਂ ਰਹੀ ॥੨॥੧੮॥੪੧॥
52240	1212	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52241	1212	ਮੇਰੈ ਮਨਿ ਸਬਦੁ ਲਗੋ ਗੁਰ ਮੀਠਾ॥		Maerai Man Sabadh Lago Gur Meethaa ||	The Word of the Guru's Shabad seems so sweet to my mind.	ਮੇਰੇ ਮਨ ਵਿਚ ਗੁਰੂ ਦਾ ਸ਼ਬਦ ਮਿੱਠਾ ਲੱਗ ਰਿਹਾ ਹੈ।
52242	1212	ਖੁਲ੍ਹਿਓ ਕਰਮੁ ਭਇਓ ਪਰਗਾਸਾ ਘਟਿ ਘਟਿ ਹਰਿ ਹਰਿ ਡੀਠਾ॥੧॥ਰਹਾਉ॥		Khulihou Karam Bhaeiou Paragaasaa Ghatt Ghatt Har Har Ddeethaa ||1|| Rehaao ||	My karma has been activated, and the Divine Radiance of the Lord, Har, Har, is manifest in each and every heart. ||1||Pause||	(ਸ਼ਬਦ ਦੀ ਬਰਕਤਿ ਨਾਲ ਮੇਰੇ ਵਾਸਤੇ) ਪਰਮਾਤਮਾ ਦੀ ਮਿਹਰ (ਦਾ ਦਰਵਾਜ਼ਾ) ਖੁਲ੍ਹ ਗਿਆ ਹੈ, (ਮੇਰੇ ਹਿਰਦੇ ਵਿਚ ਆਤਮਕ ਜੀਵਨ ਦਾ) ਚਾਨਣ ਹੋ ਗਿਆ ਹੈ, ਮੈਂ ਹਰੇਕ ਸਰੀਰ ਵਿਚ ਪਰਮਾਤਮਾ ਨੂੰ (ਵੱਸਦਾ) ਵੇਖ ਲਿਆ ਹੈ ॥੧॥ ਰਹਾਉ ॥
52243	1212	ਪਾਰਬ੍ਰਹਮ ਆਜੋਨੀ ਸੰਭਉ ਸਰਬ ਥਾਨ ਘਟ ਬੀਠਾ॥		Paarabreham Aajonee Sanbho Sarab Thhaan Ghatt Beethaa ||	The Supreme Lord God, beyond birth, Self-existent, is seated within every heart everywhere.	(ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮੈਨੂੰ ਇਉਂ ਦਿੱਸ ਪਿਆ ਹੈ ਕਿ) ਅਜੂਨੀ ਸੁਤੇ-ਪਰਕਾਸ਼ ਪਾਰਬ੍ਰਹਮ ਹਰੇਕ ਥਾਂ ਵਿਚ ਹਰੇਕ ਸਰੀਰ ਵਿਚ ਬੈਠਾ ਹੋਇਆ ਹੈ।

52244	1212	ਭਇਓ ਪਰਾਪਤਿ ਅੰਮ੍ਰਿਤ ਨਾਮਾ ਬਲਿ ਬਲਿ ਪ੍ਰਭ ਚਰਣੀਠਾ॥੧॥		Bhaeiou Paraapath Anmrith Naamaa Bal Bal Prabh Charaneethaa ||1||	I have come to obtain the Ambrosial Nectar of the Naam, the Name of the Lord. I am a sacrifice, a sacrifice to the Lotus Feet of God. ||1||	(ਗੁਰ-ਸ਼ਬਦ ਦੀ ਰਾਹੀਂ ਮੈਨੂੰ) ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਮਿਲ ਗਿਆ ਹੈ, ਮੈਂ ਪਰਮਾਤਮਾ ਦੇ ਚਰਨਾਂ ਤੋਂ ਸਦਕੇ ਜਾ ਰਿਹਾ ਹਾਂ ॥੧॥
52245	1212	ਸਤਸੰਗਤਿ ਕੀ ਰੇਣੁ ਮੁਖਿ ਲਾਗੀ ਕੀਏ ਸਗਲ ਤੀਰਥ ਮਜਨੀਠਾ॥	(ਮੱਜਨੀਠਾ) ਪੁਰਬਾਂ ਦੇ ਇਸ਼ਨਾਨ	Sathasangath Kee Raen Mukh Laagee Keeeae Sagal Theerathh Majaneethaa ||	I anoint my forehead with the dust of the Society of the Saints; it is as if I have bathed at all the sacred shrines of pilgrimage.	(ਗੁਰੂ ਦੀ ਕਿਰਪਾ ਨਾਲ) ਸਾਧ ਸੰਗਤ ਦੇ ਚਰਨਾਂ ਦੀ ਧੂੜ ਮੇਰੇ ਮੱਥੇ ਉੱਤੇ ਲੱਗੀ ਹੈ (ਇਸ ਚਰਨ-ਧੂੜ ਦੀ ਬਰਕਤਿ ਨਾਲ ਮੈਂ ਤਾਂ, ਮਾਨੋ) ਸਾਰੇ ਹੀ ਤੀਰਥਾਂ ਦਾ ਇਸ਼ਨਾਨ ਕਰ ਲਿਆ ਹੈ।
52246	1212	ਕਹੁ ਨਾਨਕ ਰੰਗਿ ਚਲੂਲ ਭਏ ਹੈ ਹਰਿ ਰੰਗੁ ਨ ਲਹੈ ਮਜੀਠਾ॥੨॥੧੯॥੪੨॥		Kahu Naanak Rang Chalool Bheae Hai Har Rang N Lehai Majeethaa ||2||19||42||	Says Nanak, I am dyed in the deep crimson color of His Love; the Love of my Lord shall never fade away. ||2||19||42||	ਨਾਨਕ ਆਖਦਾ ਹੈ- ਮੈਂ ਪਰਮਾਤਮਾ ਦੇ ਪ੍ਰੇਮ-ਰੰਗ ਨਾਲ ਗੂੜ੍ਹਾ ਰੰਗਿਆ ਗਿਆ ਹਾਂ। ਮਜੀਠ ਦੇ ਪੱਕੇ ਰੰਗ ਵਾਂਗ ਇਹ ਹਰਿ-ਪ੍ਰੇਮ ਦਾ ਰੰਗ (ਮੇਰੇ ਮਨ ਤੋਂ) ਉਤਰਦਾ ਨਹੀਂ ਹੈ ॥੨॥੧੯॥੪੨॥
52247	1212	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52248	1212	ਹਰਿ ਹਰਿ ਨਾਮੁ ਦੀਓ ਗੁਰਿ ਸਾਥੇ॥		Har Har Naam Dheeou Gur Saathhae ||	The Guru has given me the Name of the Lord, Har, Har, as my Companion.	ਗੁਰੂ ਨੇ ਪਰਮਾਤਮਾ ਦਾ ਨਾਮ ਮੇਰੇ ਨਾਲ ਸਾਥੀ ਦੇ ਦਿੱਤਾ ਹੈ।

52249	1212	ਨਿਮਖ ਬਚਨੁ ਪ੍ਰਭ ਹੀਅਰੈ ਬਸਿਓ ਸਗਲ ਭੂਖ ਮੇਰੀ ਲਾਥੇ॥੧॥ਰਹਾਉ॥		Nimakh Bachan Prabh Heearai Basiou Sagal Bhookh Maeree Laathhae ||1|| Rehaao ||	If the Word of God dwells within my heart for even an instant, all my hunger is relieved. ||1||Pause||	ਹੁਣ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਸ਼ਬਦ ਹਰ ਵੇਲੇ ਮੇਰੇ ਹਿਰਦੇ ਵਿਚ ਟਿਕਿਆ ਰਹਿੰਦਾ ਹੈ (ਉਸ ਦੀ ਬਰਕਤਿ ਨਾਲ) ਮੇਰੀ ਮਾਇਆ ਦੀ ਸਾਰੀ ਭੁੱਖ ਲਹਿ ਗਈ ਹੈ ॥੧॥ ਰਹਾਉ ॥
52250	1212	ਕ੍ਰਿਪਾਨਿਧਾਨ ਗੁਣ ਨਾਇਕ ਠਾਕੁਰ ਸੁਖ ਸਮੂਹ ਸਭ ਨਾਥੇ॥		Kirapaa Nidhhaan Gun Naaeik Thaakur Sukh Samooh Sabh Naathhae ||	O Treasure of Mercy, Master of Excellence, my Lord and Master, Ocean of peace, Lord of all.	ਹੇ ਕਿਰਪਾ ਦੇ ਖ਼ਜ਼ਾਨੇ! ਹੇ ਸਾਰੇ ਗੁਣਾਂ ਦੇ ਮਾਲਕ ਠਾਕੁਰ! ਹੇ ਸਾਰੇ ਸੁਖਾਂ ਦੇ ਨਾਥ! ਹੇ ਸੁਆਮੀ!
52251	1212	ਏਕ ਆਸ ਮੋਹਿ ਤੇਰੀ ਸੁਆਮੀ ਅਉਰ ਦੁਤੀਆ ਆਸ ਬਿਰਾਥੇ॥੧॥		Eaek Aas Mohi Thaeree Suaamee Aour Dhutheeaa Aas Biraathhae ||1||	My hopes rest in You alone, O my Lord and Master; hope in anything else is useless. ||1||	(ਹੁਣ ਹਰੇਕ ਸੁਖ ਦੁਖ ਵਿਚ) ਮੈਨੂੰ ਸਿਰਫ਼ ਤੇਰੀ ਹੀ (ਸਹਾਇਤਾ ਦੀ) ਆਸ ਰਹਿੰਦੀ ਹੈ। ਕੋਈ ਹੋਰ ਦੂਜੀ ਆਸ ਮੈਨੂੰ ਵਿਅਰਥ ਜਾਪਦੀ ਹੈ ॥੧॥
52252	1212	ਨੈਣ ਤ੍ਰਿਪਤਾਸੇ ਦੇਖਿ ਦਰਸਾਵਾ ਗੁਰਿ ਕਰ ਧਾਰੇ ਮੇਰੈ ਮਾਥੇ॥		Nain Thripathaasae Dhaekh Dharasaavaa Gur Kar Dhhaarae Maerai Maathhae ||	My eyes were satisfied and fulfilled, gazing upon the Blessed Vision of His Darshan, when the Guru placed His Hand on my forehead.	ਜਦੋਂ ਤੋਂ ਗੁਰੂ ਨੇ ਮੇਰੇ ਮੱਥੇ ਉੱਤੇ ਆਪਣੇ ਹੱਥ ਰੱਖੇ ਹਨ, ਮੇਰੀਆਂ ਅੱਖਾਂ (ਪ੍ਰਭੂ ਦਾ) ਦਰਸਨ ਕਰ ਕੇ ਰੱਜ ਗਈਆਂ ਹਨ।

52253	1213	ਕਹੁ ਨਾਨਕ ਮੈ ਅਤੁਲ ਸੁਖੁ ਪਾਇਆ ਜਨਮ ਮਰਣ ਭੈ ਲਾਥੇ॥੨॥੨੦॥੪੩॥	ਅ-ਤੁੱਲ	Kahu Naanak Mai Athul Sukh Paaeiaa Janam Maran Bhai Laathhae ||2||20||43||	Says Nanak, I have found immeasurable peace; my fear of birth and death is gone. ||2||20||43||	ਨਾਨਕ ਆਖਦਾ ਹੈ- ਮੈਂ ਇਤਨਾ ਸੁਖ ਪ੍ਰਾਪਤ ਕੀਤਾ ਹੈ ਕਿ ਉਹ ਤੋਲਿਆ-ਮਿਣਿਆ ਨਹੀਂ ਜਾ ਸਕਦਾ, ਮੇਰੇ ਜੰਮਣ ਮਰਨ ਦੇ ਭੀ ਸਾਰੇ ਡਰ ਲਹਿ ਗਏ ਹਨ ॥੨॥੨੦॥੪੩॥
52254	1213	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52255	1213	ਰੇ ਮੂੜੇ ਆਨ ਕਾਹੇ ਕਤ ਜਾਈ॥		Rae Moorrhae Aan Kaahae Kath Jaaee ||	You fool: why are you going somewhere else?	ਹੇ ਮੂਰਖ! ਤੂੰ ਹੋਰ ਕਿਤੇ ਕਿਉਂ ਭਟਕਦਾ ਫਿਰਦਾ ਹੈਂ?
52256	1213	ਸੰਗਿ ਮਨੋਹਰੁ ਅੰਮ੍ਰਿਤੁ ਹੈ ਰੇ ਭੂਲਿ ਭੂਲਿ ਬਿਖੁ ਖਾਈ॥੧॥ਰਹਾਉ॥		Sang Manohar Anmrith Hai Rae Bhool Bhool Bikh Khaaee ||1|| Rehaao ||	The Enticing Ambrosial Amrit is with you, but you are deluded, totally deluded, and you eat poison. ||1||Pause||	ਆਤਮਕ ਜੀਵਨ ਦੇਣ ਵਾਲਾ ਸੁੰਦਰ ਹਰਿ-ਨਾਮ-ਜਲ ਤੇਰੇ ਨਾਲ ਹੈ, ਤੂੰ ਉਸ ਤੋਂ ਖੁੰਝ ਖੁੰਝ ਕੇ (ਹੁਣ ਤਕ) ਆਤਮਕ ਮੌਤ ਲਿਆਉਣ ਵਾਲੀ ਜ਼ਹਰ ਹੀ ਖਾਧੀ ਹੈ ॥੧॥ ਰਹਾਉ ॥
52257	1213	ਪ੍ਰਭ ਸੁੰਦਰ ਚਤੁਰ ਅਨੂਪ ਬਿਧਾਤੇ ਤਿਸ ਸਿਉ ਰੁਚ ਨਹੀ ਰਾਈ॥		Prabh Sundhar Chathur Anoop Bidhhaathae This Sio Ruch Nehee Raaee ||	God is Beautiful, Wise and Incomparable; He is the Creator, the Architect of Destiny, but you have no love for Him.	ਪਰਮਾਤਮਾ ਸੁੰਦਰ ਹੈ, ਸੁਜਾਨ ਹੈ, ਉਪਮਾ-ਰਹਿਤ ਹੈ, ਰਚਨਹਾਰ ਹੈ-ਉਸ ਨਾਲ ਤੇਰੀ ਰਤਾ ਭੀ ਪ੍ਰੀਤ ਨਹੀਂ।

52258	1213	ਮੋਹਨਿ ਸਿਉ ਬਾਵਰ ਮਨੁ ਮੋਹਿਓ ਝੂਠਿ ठगउरी ਪਾਈ॥੧॥		Mohan Sio Baavar Man Mohiou Jhooth Thagouree Paaee ||1||	The mad-man's mind is enticed by Maya, the enticer; he has taken the intoxicating drug of falsehood. ||1||	ਹੇ ਝੱਲੇ! ਮਨ ਨੂੰ ਮੋਹ ਲੈਣ ਵਾਲੀ ਮਾਇਆ ਨਾਲ ਤੇਰਾ ਮਨ ਪਰਚਿਆ ਰਹਿੰਦਾ ਹੈ। ਨਾਸਵੰਤ ਜਗਤ ਵਿਚ ਫਸਾਣ ਵਾਲੀ ਇਹ ਠਗ-ਬੂਟੀ ਹੀ ਤੂੰ ਸਾਂਭ ਰੱਖੀ ਹੈ ॥੧॥
52259	1213	ਭਇਓ ਦਇਆਲੁ ਕ੍ਰਿਪਾਲੁ ਦੁਖ ਹਰਤਾ ਸੰਤਨ ਸਿਉ ਬਨਿ ਆਈ॥		Bhaeiou Dhaeiaal Kirapaal Dhukh Harathaa Santhan Sio Ban Aaee ||	The Destroyer of pain has become kind and compassionate to me, and I am in tune with the Saints.	ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਪਰਮਾਤਮਾ ਜਿਸ ਮਨੁੱਖ ਉੱਤੇ ਦਇਆਵਾਨ ਹੋ ਗਿਆ, ਉਸ ਦੀ ਪ੍ਰੀਤ ਸੰਤ ਜਨਾਂ ਨਾਲ ਬਣ ਗਈ।
52260	1213	ਸਗਲ ਨਿਧਾਨ ਘਰੈ ਮਹਿ ਪਾਏ ਕਹੁ ਨਾਨਕ ਜੋਤਿ ਸਮਾਈ॥੨॥੨੧॥੪੪॥		Sagal Nidhhaan Gharai Mehi Paaeae Kahu Naanak Joth Samaaee ||2||21||44||	I have obtained all treasures within the home of my own heart; says Nanak, my light has merged into the Light. ||2||21||44||	ਨਾਨਕ ਆਖਦਾ ਹੈ- ਉਸ ਮਨੁੱਖ ਨੇ ਸਾਰੇ ਖ਼ਜ਼ਾਨੇ ਹਿਰਦੇ-ਘਰ ਵਿਚ ਹੀ ਲੱਭ ਲਏ, ਪਰਮਾਤਮਾ ਦੀ ਜੋਤਿ ਵਿਚ ਉਸ ਦੀ (ਸਦਾ ਲਈ) ਲੀਨਤਾ ਹੋ ਗਈ ॥੨॥੨੧॥੪੪॥
52261	1213	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52262	1213	ਓਅੰ ਪ੍ਰਿਅ ਪ੍ਰੀਤਿ ਚੀਤਿ ਪਹਿਲਰੀਆ॥	(ਓਅੰ) ਕਰਤਾਰ ਜੀ। (ਪਹਿਲਰੀ-ਆ) ਅੱਵਲ ਪਹਿਲੇ	Ouan Pria Preeth Cheeth Pehilareeaa ||	My consciousness has loved my Beloved God, since the very beginning of time.	(ਉਂਞ ਤਾਂ ਮੇਰੇ) ਚਿੱਤ ਵਿਚ ਪਿਆਰੇ ਦੀ ਪ੍ਰੀਤ ਮੁੱਢ-ਕਦੀਮਾਂ ਦੀ (ਟਿਕੀ ਹੋਈ ਹੈ),

52263	1213	ਜੋ ਤਉ ਬਚਨੁ ਦੀਓ ਮੇਰੇ ਸਤਿਗੁਰ ਤਉ ਮੈ ਸਾਜ ਸੀਗਰੀਆ॥੧॥ਰਹਾਉ॥	ਸੀ-ਗਰੀਆ	Jo Tho Bachan Dheeou Maerae Sathigur Tho Mai Saaj Seegareeaa ||1|| Rehaao ||	When You blessed me with the Teachings, O my True Guru, I was embellished with beauty. ||1||Pause||	ਪਰ ਹੇ ਸਤਿਗੁਰੂ! ਜਦੋਂ ਤੂੰ ਉਪਦੇਸ਼ ਦਿੱਤਾ (ਉਹ ਪ੍ਰੀਤ ਜਾਗ ਪਈ, ਤੇ) ਮੇਰਾ ਆਤਮਕ ਜੀਵਨ ਸੋਹਣਾ ਬਣ ਗਿਆ ॥੧॥ ਰਹਾਉ ॥
52264	1213	ਹਮ ਭੂਲਹ ਤੁਮ ਸਦਾ ਅਭੂਲਾ ਹਮ ਪਤਿਤ ਤੁਮ ਪਤਿਤ ਉਧਰੀਆ॥	ਅ-ਭੂਲਾ। (ਉ-ਧਰੀਆ) ਉਧਾਰਦੇ ਹੋਂ	Ham Bhooleh Thum Sadhaa Abhoolaa Ham Pathith Thum Pathith Oudhhareeaa ||	I am mistaken; You are never mistaken. I am a sinner; You are the Saving Grace of sinners.	ਹੇ ਗੁਰੂ! ਅਸੀਂ ਜੀਵ (ਸਦਾ) ਭੁੱਲਾਂ ਕਰਦੇ ਹਾਂ, ਤੂੰ ਸਦਾ ਅਭੁੱਲ ਹੈਂ, ਅਸੀਂ ਜੀਵ ਵਿਕਾਰਾਂ ਵਿਚ ਡਿੱਗੇ ਰਹਿੰਦੇ ਹਾਂ, ਤੂੰ ਵਿਕਾਰੀਆਂ ਨੂੰ ਬਚਾਣ ਵਾਲਾ ਹੈਂ।
52265	1213	ਹਮ ਨੀਚ ਬਿਰਖ ਤੁਮ ਮੈਲਾਗਰ ਲਾਜ ਸੰਗਿ ਸੰਗਿ ਬਸਰੀਆ॥੧॥	ਬਸਰੀਆ	Ham Neech Birakh Thum Mailaagar Laaj Sang Sang Basareeaa ||1||	I am a lowly thorn-tree, and You are the sandalwood tree. Please preserve my honor by staying with me; please stay with me. ||1||	ਅਸੀਂ (ਅਰਿੰਡ ਵਰਗੇ) ਨੀਚ ਰੁੱਖ ਹਾਂ ਤੂੰ ਚੰਦਨ ਹੈਂ, ਜੋ ਨਾਲ ਵੱਸਣ ਵਾਲੇ ਰੁੱਖਾਂ ਨੂੰ ਸੁਗੰਧਿਤ ਕਰ ਦੇਂਦਾ ਹੈ। ਹੇ ਗੁਰੂ! ਤੂੰ ਆਪਣੇ ਚਰਨਾਂ ਵਿਚ ਰਹਿਣ ਵਾਲਿਆਂ ਦੀ ਇੱਜ਼ਤ ਰੱਖਣ ਵਾਲਾ ਹੈਂ ॥੧॥
52266	1213	ਤੁਮ ਗੰਭੀਰ ਧੀਰ ਉਪਕਾਰੀ ਹਮ ਕਿਆ ਬਪੁਰੇ ਜੰਤਰੀਆ॥	ਜੰਤਰੀ-ਆ	Thum Ganbheer Dhheer Oupakaaree Ham Kiaa Bapurae Janthareeaa ||	You are deep and profound, calm and benevolent. What am I? Just a poor helpless being.	ਹੇ ਗੁਰੂ! ਤੂੰ ਜਿਗਰੇ ਵਾਲਾ ਹੈਂ, ਧੀਰਜ ਵਾਲਾ ਹੈਂ, ਉਪਕਾਰ ਕਰਨ ਵਾਲਾ ਹੈਂ, ਅਸਾਂ ਨਿਮਾਣੇ ਜੀਵਾਂ ਦੀ ਕੋਈ ਪਾਂਇਆਂ ਨਹੀਂ ਹੈ।

52267	1213	ਗੁਰ ਕ੍ਰਿਪਾਲ ਨਾਨਕ ਹਰਿ ਮੇਲਿਓ ਤਉ ਮੇਰੀ ਸੂਖਿ ਸੇਜਰੀਆ॥੨॥੨੨॥ ੪੫॥	ਸੇਜਰੀ-ਆ	Gur Kirapaal Naanak Har Maeliou Tho Maeree Sookh Saejareeaa ||2||22||45||	The Merciful Guru Nanak has united me with the Lord. I lay on His Bed of Peace. ||2||22||45||	ਹੇ ਕ੍ਰਿਪਾਲ ਗੁਰੂ! ਜਦੋਂ ਤੂੰ ਮੈਨੂੰ ਨਾਨਕ ਨੂੰ ਪ੍ਰਭੂ ਦਾ ਮੇਲ ਕਰਾਇਆ, ਤਦੋਂ ਤੋਂ ਮੇਰੀ ਹਿਰਦਾ-ਸੇਜ ਸੁਖ-ਭਰਪੂਰ ਹੋ ਗਈ ਹੈ ॥੨॥੨੨॥੪੫॥
52268	1213	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52269	1213	ਮਨ ਓਇ ਦਿਨਸ ਧੰਨਿ ਪਰਵਾਨਾਂ॥		Man Oue Dhinas Dhhann Paravaanaan ||	O my mind, blessed and approved is that day,	ਹੇ ਮਨ! ਉਹ ਦਿਨ ਭਾਗਾਂ ਵਾਲੇ ਹੁੰਦੇ ਹਨ, (ਪ੍ਰਭੂ ਦੇ ਦਰ ਤੇ) ਕਬੂਲ ਹੁੰਦੇ ਹਨ।
52270	1213	ਸਫਲ ਤੇ ਘਰੀ ਸੰਜੋਗ ਸੁਹਾਵੇ ਸਤਿਗੁਰ ਸੰਗਿ ਗਿਆਨਾਂ॥੧॥ਰਹਾਉ ॥		Safal Thae Gharee Sanjog Suhaavae Sathigur Sang Giaanaan ||1|| Rehaao ||	And fruitful is that hour, and lucky is that moment, when the True Guru blesses me with spirtual wisdom. ||1||Pause||	(ਜ਼ਿੰਦਗੀ ਦੀਆਂ) ਉਹ ਘੜੀਆਂ ਸਫਲ ਹਨ, (ਗੁਰੂ ਨਾਲ) ਮੇਲ ਦੇ ਉਹ ਸਮੇ ਸੋਹਣੇ ਹੁੰਦੇ ਹਨ, ਜਦੋਂ ਗੁਰੂ ਦੀ ਸੰਗਤ ਵਿਚ (ਰਹਿ ਕੇ) ਆਤਮਕ ਜੀਵਨ ਦੀ ਸੂਝ ਪ੍ਰਾਪਤ ਹੁੰਦੀ ਹੈ ॥੧॥ ਰਹਾਉ ॥
52271	1213	ਧੰਨਿ ਸੁ ਭਾਗ ਧੰਨਿ ਸੋਹਾਗਾ ਧੰਨਿ ਦੇਤ ਜਿਨਿ ਮਾਨਾਂ॥	(ਭਾਗ) ਕਰਮ। (ਸੋਹਾਗਾ) ਅਨੰਦ	Dhhann Subhaag Dhhann Sohaagaa Dhhann Dhaeth Jin Maanaan ||	Blessed is my good destiny, and blessed is my Husband Lord. Blessed are those upon whom honor is bestowed.	ਹੇ ਪ੍ਰਭੂ! ਜਿਨ੍ਹਾਂ ਮਨੁੱਖਾਂ ਨੂੰ ਤੂੰ (ਆਪਣੇ ਦਰ ਤੇ) ਆਦਰ ਦੇਂਦਾ ਹੈਂ, ਉਹ ਧੰਨ ਹਨ, ਸੁਭਾਗ ਹਨ, ਕਿਸਮਤ ਵਾਲੇ ਹਨ।

52272	1213	ਇਹੁ ਤਨੁ ਤੁਮ੍ਹਰਾ ਸਭੁ ਗ੍ਰਿਹੁ ਧਨੁ ਤੁਮਰਾ ਹੀਉ ਕੀਓ ਕੁਰਬਾਨਾਂ॥੧॥		Eihu Than Thumharaa Sabh Grihu Dhhan Thumaraa Heeno Keeou Kurabaanaan ||1||	This body is Yours, all my home and wealth are Yours; I offer my heart as a sacrifice to You. ||1||	ਹੇ ਪ੍ਰਭੂ! ਮੇਰਾ ਇਹ ਸਰੀਰ ਤੇਰੇ ਹਵਾਲੇ ਹੈ, ਮੇਰਾ ਸਾਰਾ ਘਰ ਤੇ ਧਨ ਤੈਥੋਂ ਸਦਕੇ ਹੈ, ਮੈਂ ਆਪਣਾ ਹਿਰਦਾ (ਤੇਰੇ ਚਰਨਾਂ ਤੋਂ) ਸਦਕੇ ਕਰਦਾ ਹਾਂ ॥੧॥
52273	1213	ਕੋਟਿ ਲਾਖ ਰਾਜ ਸੁਖ ਪਾਏ ਇਕ ਨਿਮਖ ਪੇਖਿ ਦ੍ਰਿਸਟਾਨਾਂ॥		Kott Laakh Raaj Sukh Paaeae Eik Nimakh Paekh Dhrisattaanaan ||	I obtain tens of thousands and millions of regal pleasures, if I gaze upon Your Blessed Vision, even for an instant.	ਅੱਖ ਝਮਕਣ ਜਿਤਨੇ ਸਮੇ ਲਈ ਤੇਰਾ ਦਰਸਨ ਕਰ ਕੇ (ਮਾਨੋ) ਰਾਜ ਦੇ ਲੱਖਾਂ ਕ੍ਰੋੜਾਂ ਸੁਖ ਪ੍ਰਾਪਤ ਹੋ ਜਾਂਦੇ ਹਨ।
52274	1213	ਜਉ ਕਹਹੁ ਮੁਖਹੁ ਸੇਵਕ ਇਹ ਬੈਸੀਐ ਸੁਖ ਨਾਨਕ ਅੰਤੁ ਨ ਜਾਨਾਂ॥੨॥੨੩॥੪੬॥		Jo Kehahu Mukhahu Saevak Eih Baiseeai Sukh Naanak Anth N Jaanaan ||2||23||46||	When You, O God, say, ""My servant, stay here with me"", Nanak knows unlimited peace. ||2||23||46||	ਜੇ ਤੂੰ ਮੂੰਹੋਂ ਆਖੇਂ, ਹੇ ਸੇਵਕ! ਇਥੇ ਬੈਠ, (ਮੈਨੂੰ ਇਤਨਾ ਆਨੰਦ ਆਉਂਦਾ ਹੈ ਕਿ ਉਸ) ਆਨੰਦ ਦਾ ਮੈਂ ਨਾਨਕ ਅੰਤ ਨਹੀਂ ਜਾਣ ਸਕਦਾ ॥੨॥੨੩॥੪੬॥
52275	1213	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52276	1213	ਅਬ ਮੋਰੋ ਸਹਸਾ ਦੂਖੁ ਗਇਆ॥		Ab Moro Sehasaa Dhookh Gaeiaa ||	Now I am rid of my skepticism and sorrow.	(ਗੁਰ ਸਰਨ ਦੀ ਬਰਕਤਿ ਨਾਲ) ਹੁਣ ਮੇਰਾ ਹਰੇਕ ਸਹਿਮ ਹਰੇਕ ਦੁੱਖ ਦੂਰ ਹੋ ਗਿਆ ਹੈ।

52277	1213	ਅਉਰ ਉਪਾਉ ਸਗਲ ਤਿਆਗਿ ਛੋਡੇ ਸਤਿਗੁਰ ਸਰਣਿ ਪਇਆ॥੧॥ਰਹਾਉ ॥		Aour Oupaav Sagal Thiaag Shhoddae Sathigur Saran Paeiaa ||1|| Rehaao ||	I have abandoned and forsaken all other efforts, and come to the Sanctuary of the True Guru. ||1||Pause||	(ਜਦੋਂ ਦਾ) ਮੈਂ ਗੁਰੂ ਦੀ ਸਰਨ ਪਿਆ ਹਾਂ, (ਮੈਂ ਮਨ ਨੂੰ ਕਾਬੂ ਕਰਨ ਦੇ) ਹੋਰ ਸਾਰੇ ਹੀਲੇ ਛੱਡ ਦਿੱਤੇ ਹਨ ॥੧॥ ਰਹਾਉ ॥
52278	1213	ਸਰਬ ਸਿਧਿ ਕਾਰਜ ਸਭਿ ਸਵਰੇ ਅਹੰ ਰੋਗ ਸਗਲ ਹੀ ਖਇਆ॥		Sarab Sidhh Kaaraj Sabh Savarae Ahan Rog Sagal Hee Khaeiaa ||	I have attained total perfection, and all my works are perfectly completed; the illness of egotism has been totally eradicated.	ਮੈਨੂੰ ਸਾਰੀਆਂ ਰਿੱਧੀਆਂ ਸਿੱਧੀਆਂ ਪ੍ਰਾਪਤ ਹੋ ਗਈਆਂ ਹਨ, ਮੇਰੇ ਸਾਰੇ ਕੰਮ ਸੰਵਰ ਗਏ ਹਨ, ਮੇਰੇ ਅੰਦਰੋਂ ਹਉਮੈ ਦਾ ਰੋਗ ਸਾਰਾ ਹੀ ਮਿਟ ਗਿਆ ਹੈ,
52279	1213	ਕੋਟਿ ਪਰਾਧ ਖਿਨ ਮਹਿ ਖਉ ਭਈ ਹੈ ਗੁਰ ਮਿਲਿ ਹਰਿ ਹਰਿ ਕਹਿਆ॥੧॥		Kott Paraadhh Khin Mehi Kho Bhee Hai Gur Mil Har Har Kehiaa ||1||	Millions of sins are destroyed in an instant; meeting with the Guru, I chant the Name of the Lord, Har, Har. ||1||	ਜਦੋਂ ਤੋਂ ਮੈਂ ਗੁਰੂ ਨੂੰ ਮਿਲ ਕੇ ਪਰਮਾਤਮਾ ਦਾ ਨਾਮ ਜਪਣਾ ਸ਼ੁਰੂ ਕੀਤਾ ਹੈ, ਇਕ ਖਿਨ ਵਿਚ ਹੀ ਮੇਰੇ ਕ੍ਰੋੜਾਂ ਹੀ ਅਪਰਾਧਾਂ ਦਾ ਨਾਸ ਹੋ ਗਿਆ ਹੈ ॥੧॥

52280	1213	ਪੰਚ ਦਾਸ ਗੁਰਿ ਵਸਗਤਿ ਕੀਨੇ ਮਨ ਨਿਹਚਲ ਨਿਰਭਇਆ॥	ਵੱਸ-ਗਤਿ, ਗਤਿ: ਪੋਲਾ ਬੋਲੋ	Panch Dhaas Gur Vasagath Keenae Man Nihachal Nirabhaeiaa ||	Subduing the five thieves, he Guru has made them my slaves; my mind has become stable and steady and fearless.	ਗੁਰੂ ਨੇ (ਕਾਮਾਦਿਕ) ਪੰਜਾਂ ਨੂੰ ਮੇਰੇ ਦਾਸ ਬਣਾ ਦਿੱਤਾ ਹੈ, ਮੇਰੇ ਵੱਸ ਵਿਚ ਕਰ ਦਿੱਤਾ ਹੈ, (ਇਹਨਾਂ ਦੇ ਟਾਕਰੇ ਤੇ) ਮੇਰਾ ਮਨ ਅਹਿੱਲ ਹੋ ਗਿਆ ਹੈ ਨਿਡਰ ਹੋ ਗਿਆ ਹੈ।
52281	1213	ਆਇ ਨ ਜਾਵੈ ਨ ਕਤ ਹੀ ਡੋਲੈ ਥਿਰੁ ਨਾਨਕ ਰਾਜਇਆ॥੨॥੨੪॥੪੭॥	(ਰਾ-ਜਇਆ) ਰਾਜ, ਪ੍ਰਕਾਸ਼	Aae N Jaavai N Kath Hee Ddolai Thhir Naanak Raajaeiaa ||2||24||47||	It does not come or go in reincarnation; it does not waver or wander anywhere. O Nanak, my empire is eternal. ||2||24||47||	ਹੇ ਨਾਨਕ! (ਗੁਰੂ ਦੀ ਕਿਰਪਾ ਨਾਲ ਮੇਰਾ ਮਨ) ਕਿਤੇ ਦੌੜ ਭੱਜ ਨਹੀਂ ਕਰਦਾ, ਕਿਤੇ ਨਹੀਂ ਡੋਲਦਾ (ਇਸ ਨੂੰ, ਮਾਨੋ) ਸਦਾ ਕਾਇਮ ਰਹਿਣ ਵਾਲਾ ਰਾਜ ਮਿਲ ਗਿਆ ਹੈ ॥੨॥੨੪॥੪੭॥
52282	1213	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52283	1213	ਪ੍ਰਭੁ ਮੇਰੋ ਇਤ ਉਤ ਸਦਾ ਸਹਾਈ॥		Prabh Maero Eith Outh Sadhaa Sehaaee ||	Here and hereafter, God is forever my Help and Support.	ਮੇਰਾ ਪ੍ਰਭੂ! ਇਸ ਲੋਕ ਵਿਚ ਪਰਲੋਕ ਵਿਚ ਸਦਾ ਸਹਾਇਤਾ ਕਰਨ ਵਾਲਾ ਹੈ।
52284	1213	ਮਨਮੋਹਨੁ ਮੇਰੇ ਜੀਅ ਕੋ ਪਿਆਰੋ ਕਵਨ ਕਹਾ ਗੁਨ ਗਾਈ॥੧॥ਰਹਾਉ॥	ਕਹਾਂ	Manamohan Maerae Jeea Ko Piaaro Kavan Kehaa Gun Gaaee ||1|| Rehaao ||	He is the Enticer of my mind, the Beloved of my soul. What Glorious Praises of His can I sing and chant? ||1||Pause||	ਮੇਰੇ ਮਨ ਨੂੰ ਮੋਹਣ ਵਾਲਾ ਉਹ ਮੇਰਾ ਪ੍ਰਭੂ ਮੇਰੀ ਜਿੰਦ ਦਾ ਪਿਆਰਾ ਹੈ। ਮੈਂ ਉਸ ਦੇ ਕਿਹੜੇ-ਕਿਹੜੇ ਗੁਣ ਗਾ ਕੇ ਦੱਸਾਂ? ॥੧॥ ਰਹਾਉ ॥

52285	1213	ਖੇਲਿ ਖਿਲਾਇ ਲਾਡ ਲਾਡਾਵੈ ਸਦਾ ਸਦਾ ਅਨਦਾਈ॥	(ਅਨਦਾਈ) ਅਨੰਦ ਦੇਣ ਵਾਲੇ	Khael Khilaae Laadd Laaddaavai Sadhaa Sadhaa Anadhaaee ||	He plays with me, He fondles and caresses me. Forever and ever, He blesses me with bliss.	ਉਹ ਸਾਨੂੰ (ਜਗਤ-) ਤਮਾਸ਼ੇ ਵਿਚ ਖਿਡਾਂਦਾ ਹੈ, ਲਾਡ ਲਡਾਂਦਾ ਹੈ, ਉਹ ਸਦਾ ਹੀ ਸੁਖ ਦੇਣ ਵਾਲਾ ਹੈ।
52286	1213	ਪ੍ਰਤਿਪਾਲੈ ਬਾਰਿਕ ਕੀ ਨਿਆਈ ਜੈਸੇ ਮਾਤ ਪਿਤਾਈ॥੧॥		Prathipaalai Baarik Kee Niaaee Jaisae Maath Pithaaee ||1||	He cherishes me, like the father and the mother love their child. ||1||	ਜਿਵੇਂ ਮਾਂ ਪਿਉ ਆਪਣੇ ਬੱਚੇ ਦੀ ਪਾਲਣਾ ਕਰਦੇ ਹਨ, ਤਿਵੇਂ ਉਹ ਸਾਡੀ ਪਾਲਣਾ ਕਰਦਾ ਹੈ ॥੧॥
52287	1213	ਤਿਸੁ ਬਿਨੁ ਨਿਮਖ ਨਹੀ ਰਹਿ ਸਕੀਐ ਬਿਸਰਿ ਨ ਕਬਹੂ ਜਾਈ॥		This Bin Nimakh Nehee Rehi Sakeeai Bisar N Kabehoo Jaaee ||	I cannot survive without Him, even for an instant; I shall never forget Him.	ਉਸ (ਪਰਮਾਤਮਾ ਦੀ ਯਾਦ) ਤੋਂ ਬਿਨਾ ਅੱਖ ਝਮਕਣ ਜਿਤਨੇ ਸਮੇ ਲਈ ਭੀ ਰਿਹਾ ਨਹੀਂ ਜਾ ਸਕਦਾ, ਉਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ।
52288	1214	ਕਹੁ ਨਾਨਕ ਮਿਲਿ ਸੰਤਸੰਗਤਿ ਤੇ ਮਗਨ ਭਏ ਲਿਵ ਲਾਈ॥੨॥੨੫॥੪੮॥		Kahu Naanak Mil Santhasangath Thae Magan Bheae Liv Laaee ||2||25||48||	Says Nanak, joining the Society of the Saints, I am enraptured, lovingly attuned to my Lord. ||2||25||48||	ਨਾਨਕ ਆਖਦਾ ਹੈ- ਜਿਹੜੇ ਮਨੁੱਖ ਸਾਧ ਸੰਗਤ ਵਿਚ ਮਿਲਦੇ ਹਨ, ਉਹ ਮਨੁੱਖ ਪਰਮਾਤਮਾ ਵਿਚ ਸੁਰਤ ਜੋੜ ਕੇ ਮਸਤ ਰਹਿੰਦੇ ਹਨ ॥੨॥੨੫॥੪੮॥
52289	1214	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52290	1214	ਅਪਨਾ ਮੀਤੁ ਸੁਆਮੀ ਗਾਈਐ॥		Apanaa Meeth Suaamee Gaaeeai ||	Sing of your Lord and Master, your Best Friend.	ਮਾਲਕ-ਪ੍ਰਭੂ ਹੀ ਆਪਣਾ ਅਸਲ ਮਿੱਤਰ ਹੈ। ਉਸ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ।
52291	1214	ਆਸ ਨ ਅਵਰ ਕਾਹੂ ਕੀ ਕੀਜੈ ਸੁਖਦਾਤਾ ਪ੍ਰਭੁ ਧਿਆਈਐ॥੧॥ਰਹਾਉ॥		Aas N Avar Kaahoo Kee Keejai Sukhadhaathaa Prabh Dhhiaaeeai ||1|| Rehaao ||	Do not place your hopes in anyone else; meditate on God, the Giver of peace. ||1||Pause||	(ਪਰਮਾਤਮਾ ਤੋਂ ਬਿਨਾ) ਕਿਸੇ ਭੀ ਹੋਰ ਦੀ ਆਸ ਨਹੀਂ ਕਰਨੀ ਚਾਹੀਦੀ, ਉਹ ਪ੍ਰਭੂ ਹੀ ਸਾਰੇ ਸੁਖ ਦੇਣ ਵਾਲਾ ਹੈ, ਉਸੇ ਦਾ ਸਿਮਰਨ ਕਰਨਾ ਚਾਹੀਦਾ ਹੈ ॥੧॥ ਰਹਾਉ ॥
52292	1214	ਸੂਖ ਮੰਗਲ ਕਲਿਆਣ ਜਿਸਹਿ ਘਰਿ ਤਿਸ ਹੀ ਸਰਣੀ ਪਾਈਐ॥		Sookh Mangal Kaliaan Jisehi Ghar This Hee Saranee Paaeeai ||	Peace, joy and salvation are in His Home. Seek the Protection of His Sanctuary.	ਜਿਸ ਪਰਮਾਤਮਾ ਦੇ ਹੀ ਘਰ ਵਿਚ ਸਾਰੇ ਸੁਖ ਹਨ ਖ਼ੁਸ਼ੀਆਂ ਤੇ ਆਨੰਦ ਹਨ, ਉਸ ਦੀ ਹੀ ਸਰਨ ਪਏ ਰਹਿਣਾ ਚਾਹੀਦਾ ਹੈ।
52293	1214	ਤਿਸਹਿ ਤਿਆਗਿ ਮਾਨੁਖੁ ਜੇ ਸੇਵਹੁ ਤਉ ਲਾਜ ਲੋਨੁ ਹੋਇ ਜਾਈਐ॥੧॥		Thisehi Thiaag Maanukh Jae Saevahu Tho Laaj Lon Hoe Jaaeeai ||1||	But if you forsake Him, and serve mortal beings, your honor will dissolve like salt in water. ||1||	ਜੇ ਤੁਸੀਂ ਉਸ ਪ੍ਰਭੂ ਨੂੰ ਛੱਡ ਕੇ ਮਨੁੱਖ ਦੀ ਖ਼ੁਸ਼ਾਮਦ ਕਰਦੇ ਫਿਰੋਗੇ, ਤਾਂ ਸ਼ਰਮਸਾਰ ਹੋਣਾ ਪੈਂਦਾ ਹੈ ॥੧॥

52294	1214	ੲੇਕ ਓਟ ਪਕਰੀ ਠਾਕੁਰ ਕੀ ਗੁਰ ਮਿਲਿ ਮਤਿ ਬੁਧਿ ਪਾਈਐ॥		Eaek Outt Pakaree Thaakur Kee Gur Mil Math Budhh Paaeeai ||	I have grasped the Anchor and Support of my Lord and Master; meeting with the Guru, I have found wisdom and understanding.	ਗੁਰੂ ਨੂੰ ਮਿਲ ਕੇ ਜਿਸ ਮਨੁੱਖ ਨੇ ਉੱਚੀ ਬੁੱਧੀ ਪ੍ਰਾਪਤ ਕਰ ਲਈ, ਉਸ ਨੇ ਸਿਰਫ਼ ਮਾਲਕ-ਪ੍ਰਭੂ ਦਾ ਹੀ ਆਸਰਾ ਲਿਆ।
52295	1214	ਗੁਣ ਨਿਧਾਨ ਨਾਨਕ ਪ੍ਰਭੁ ਮਿਲਿਆ ਸਗਲ ਚੁਕੀ ਮੁਹਤਾਈਐ॥੨॥੨੬॥੪੯॥	(ਮੁ-ਹਤਾਈਐ) ਖ਼ੁਸ਼ਾਮਦ	Gun Nidhhaan Naanak Prabh Miliaa Sagal Chukee Muhathaaeeai ||2||26||49||	Nanak has met God, the Treasure of Excellence; all dependence on others is gone. ||2||26||49||	ਹੇ ਨਾਨਕ! ਸਾਰੇ ਗੁਣਾਂ ਦਾ ਖ਼ਜ਼ਾਨਾ ਪ੍ਰਭੂ ਜਿਸ ਮਨੁੱਖ ਨੂੰ ਮਿਲ ਪਿਆ, ਉਸ ਦੀ ਸਾਰੀ ਮੁਥਾਜੀ ਮੁੱਕ ਗਈ ॥੨॥੨੬॥੪੯॥
52296	1214	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52297	1214	ਓਟ ਸਤਾਣੀ ਪ੍ਰਭ ਜੀਉ ਮੇਰੈ॥		Outt Sathaanee Prabh Jeeo Maerai ||	I have the Almighty Support of my Dear Lord God.	ਹੇ ਪ੍ਰਭੂ ਜੀ! ਮੇਰੇ ਹਿਰਦੇ ਵਿਚ ਤੇਰਾ ਹੀ ਤਕੜਾ ਸਹਾਰਾ ਹੈ।
52298	1214	ਦ੍ਰਿਸਟਿ ਨ ਲਿਆਵਉ ਅਵਰ ਕਾਹੂ ਕਉ ਮਾਣਿ ਮਹਤਿ ਪ੍ਰਭ ਤੇਰੈ॥੧॥ਰਹਾਉ॥	ਮ-ਹੱਤਿ	Dhrisatt N Liaavo Avar Kaahoo Ko Maan Mehath Prabh Thaerai ||1|| Rehaao ||	I do not look up to anyone else. My honor and glory are Yours, O God. ||1||Pause||	ਹੇ ਪ੍ਰਭੂ! ਤੇਰੇ ਮਾਣ ਦੇ ਆਸਰੇ ਤੇਰੇ ਵਡੱਪਣ ਦੇ ਆਸਰੇ ਮੈਂ ਹੋਰ ਕਿਸੇ ਨੂੰ ਨਿਗਾਹ ਵਿਚ ਨਹੀਂ ਲਿਆਉਂਦਾ (ਮੈਂ ਕਿਸੇ ਹੋਰ ਨੂੰ ਤੇਰੇ ਬਰਾਬਰ ਦਾ ਨਹੀਂ ਸਮਝਦਾ) ॥੧॥ ਰਹਾਉ ॥

52299	1214	ਅੰਗੀਕਾਰੁ ਕੀਓ ਪ੍ਰਭਿ ਅਪੁਨੈ ਕਾਢਿ ਲੀਆ ਬਿਖੁ ਘੇਰੈ॥		Angeekaar Keeou Prabh Apunai Kaadt Leeaa Bikh Ghaerai ||	God has taken my side; He has lifted me up and pulled me out of the whirlpool of corruption.	ਪਿਆਰੇ ਪ੍ਰਭੂ ਨੇ ਜਿਸ ਮਨੁੱਖ ਦਾ ਪੱਖ ਕੀਤਾ, ਉਸ ਨੂੰ ਉਸ (ਪ੍ਰਭੂ) ਨੇ ਆਤਮਕ ਮੌਤ ਲਿਆਉਣ ਵਾਲੀ ਮਾਇਆ-ਜ਼ਹਰ ਦੇ ਘੇਰੇ ਵਿਚੋਂ ਕੱਢ ਲਿਆ।
52300	1214	ਅੰਮ੍ਰਿਤ ਨਾਮੁ ਅਉਖਧੁ ਮੁਖਿ ਦੀਨੋ ਜਾਇ ਪਇਆ ਗੁਰ ਪੈਰੈ॥੧॥		Anmrith Naam Aoukhadhh Mukh Dheeno Jaae Paeiaa Gur Pairai ||1||	He has poured the medicine of the Naam, the Ambrosial Name of the Lord, into my mouth; I have fallen at the Guru's Feet. ||1||	ਉਹ ਮਨੁੱਖ ਗੁਰੂ ਦੇ ਚਰਨਾਂ ਉੱਤੇ ਜਾ ਡਿੱਗਾ, ਤੇ, (ਗੁਰੂ ਨੇ ਉਸ ਦੇ) ਮੂੰਹ ਵਿਚ ਆਤਮਕ ਜੀਵਨ ਦੇਣ ਵਾਲੀ ਨਾਮ-ਦਵਾਈ ਦਿੱਤੀ ॥੧॥
52301	1214	ਕਵਨ ਉਪਮਾ ਕਹਉ ਏਕ ਮੁਖ ਨਿਰਗੁਣ ਕੇ ਦਾਤੇਰੈ॥		Kavan Oupamaa Keho Eaek Mukh Niragun Kae Dhaathaerai ||	How can I praise You with only one mouth? You are generous, even to the unworthy.	ਗੁਣ-ਹੀਨਾਂ ਨੂੰ ਗੁਣ ਦੇਣ ਵਾਲੇ ਪ੍ਰਭੂ ਦੀਆਂ ਮੈਂ ਆਪਣੇ ਇਕ ਮੂੰਹ ਨਾਲ ਕਿਹੜੀਆਂ-ਕਿਹੜੀਆਂ ਵਡਿਆਈਆਂ ਬਿਆਨ ਕਰਾਂ?
52302	1214	ਕਾਟਿ ਸਿਲਕ ਜਉ ਅਪੁਨਾ ਕੀਨੋ ਨਾਨਕ ਸੂਖ ਘਨੇਰੈ॥੨॥੨੭॥੫੦॥		Kaatt Silak Jo Apunaa Keeno Naanak Sookh Ghanaerai ||2||27||50||	You cut away the noose, and now You own me; Nanak is blessed with myriad joys. ||2||27||50||	ਹੇ ਨਾਨਕ! ਜਦੋਂ ਉਸ ਨੇ ਕਿਸੇ ਭਾਗਾਂ ਵਾਲੇ ਨੂੰ ਉਸ ਦੀ ਮਾਇਆ ਦੀ ਫਾਹੀ ਕੱਟ ਕੇ ਆਪਣਾ ਬਣਾ ਲਿਆ, ਉਸ ਨੂੰ ਬੇਅੰਤ ਸੁਖ ਪ੍ਰਾਪਤ ਹੋ ਗਏ ॥੨॥੨੭॥੫੦॥
52303	1214	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52304	1214	ਪ੍ਰਭ ਸਿਮਰਤ ਦੂਖ ਬਿਨਾਸੀ॥		Prabh Simarath Dhookh Binaasee ||	Remembering God in meditation, pains are dispelled.	ਸਾਰੇ ਦੁੱਖਾਂ ਦੇ ਨਾਸ ਕਰਨ ਵਾਲੇ ਪ੍ਰਭੂ ਦਾ ਨਾਮ ਸਿਮਰਦਿਆਂ-
52305	1214	ਭਇਓ ਕ੍ਰਿਪਾਲੁ ਜੀਅ ਸੁਖਦਾਤਾ ਹੋਈ ਸਗਲ ਖਲਾਸੀ॥੧॥ਰਹਾਉ॥		Bhaeiou Kirapaal Jeea Sukhadhaathaa Hoee Sagal Khalaasee ||1|| Rehaao ||	When the Giver of peace to the soul becomes merciful, the mortal is totally redeemed. ||1||Pause||	ਜਿੰਦ ਦੇਣ ਵਾਲਾ ਅਤੇ ਸੁਖ ਦੇਣ ਵਾਲਾ ਪ੍ਰਭੂ ਜਿਸ ਮਨੁੱਖ ਉੱਤੇ ਦਇਆਵਾਨ ਹੁੰਦਾ ਹੈ, ਸਾਰੇ ਹੀ ਵਿਕਾਰਾਂ ਤੋਂ ਉਸ ਦੀ ਖ਼ਲਾਸੀ ਹੋ ਜਾਂਦੀ ਹੈ ॥੧॥ ਰਹਾਉ ॥
52306	1214	ਅਵਰੁ ਨ ਕੋਊ ਸੂਝੈ ਪ੍ਰਭ ਬਿਨੁ ਕਹੁ ਕੋ ਕਿਸੁ ਪਹਿ ਜਾਸੀ॥		Avar N Kooo Soojhai Prabh Bin Kahu Ko Kis Pehi Jaasee ||	I know of none other than God; tell me, who else should I approach?	(ਹਰਿ-ਨਾਮ ਸਿਮਰਨ ਵਾਲੇ ਮਨੁੱਖ ਨੂੰ) ਪਰਮਾਤਮਾ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ ਸੁੱਝਦਾ (ਉਹ ਸਦਾ ਇਹੀ ਆਖਦਾ ਹੈ ਕਿ) ਦੱਸ, (ਪ੍ਰਭੂ ਨੂੰ ਛੱਡ ਕੇ) ਕੌਣ ਕਿਸ ਕੋਲ ਜਾ ਸਕਦਾ ਹੈ?
52307	1214	ਜਿਉ ਜਾਣਹੁ ਤਿਉ ਰਾਖਹੁ ਠਾਕੁਰ ਸਭੁ ਕਿਛੁ ਤੁਮ ਹੀ ਪਾਸੀ॥੧॥		Jio Jaanahu Thio Raakhahu Thaakur Sabh Kishh Thum Hee Paasee ||1||	As You know me, so do You keep me, O my Lord and Master.I have surrendered everything to You. ||1||	(ਉਹ ਸਦਾ ਅਰਦਾਸ ਕਰਦਾ ਹੈ-) ਹੇ ਠਾਕੁਰ! ਜਿਵੇਂ ਹੋ ਸਕੇ ਤਿਵੇਂ ਮੇਰੀ ਰੱਖਿਆ ਕਰ, ਹਰੇਕ ਚੀਜ਼ ਤੇਰੇ ਹੀ ਕੋਲ ਹੈ ॥੧॥

52308	1214	ਹਾਥ ਦੇਇ ਰਾਖੇ ਪ੍ਰਭਿ ਅਪੁਨੇ ਸਦ ਜੀਵਨ ਅਬਿਨਾਸੀ॥		Haathh Dhaee Raakhae Prabh Apunae Sadh Jeevan Abinaasee ||	God gave me His Hand and saved me; He has blessed me with eternal life.	ਪਿਆਰੇ ਪ੍ਰਭੂ ਨੇ ਜਿਨ੍ਹਾਂ ਮਨੁੱਖਾਂ ਨੂੰ ਹੱਥ ਦੇ ਕੇ ਰੱਖ ਲਿਆ, ਉਹ ਅਟੱਲ ਆਤਮਕ ਜੀਵਨ ਵਾਲੇ ਬਣ ਗਏ, ਆਤਮਕ ਮੌਤ ਉਹਨਾਂ ਦੇ ਨੇੜੇ ਨਹੀਂ ਢੁਕਦੀ,
52309	1214	ਕਹੁ ਨਾਨਕ ਮਨਿ ਅਨਦੁ ਭਇਆ ਹੈ ਕਾਟੀ ਜਮ ਕੀ ਫਾਸੀ॥੨॥੨੮॥੫੧॥		Kahu Naanak Man Anadh Bhaeiaa Hai Kaattee Jam Kee Faasee ||2||28||51||	Says Nanak, my mind is in ecstasy; the noose of death has been cut away from my neck. ||2||28||51||	ਨਾਨਕ ਆਖਦਾ ਹੈ- ਉਹਨਾਂ ਦੇ ਮਨ ਵਿਚ ਆਨੰਦ ਬਣਿਆ ਰਹਿੰਦਾ ਹੈ, ਉਹਨਾਂ ਦੀ ਜਮਾਂ ਵਾਲੀ ਫਾਹੀ ਕੱਟੀ ਜਾਂਦੀ ਹੈ ॥੨॥੨੮॥੫੧॥
52310	1214	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52311	1214	ਮੇਰੋ ਮਨੁ ਜਤ ਕਤ ਤੁਝਹਿ ਸਮ੍ਹਾਰੈ॥		Maero Man Jath Kath Thujhehi Samhaarai ||	My mind contemplates You, O Lord, all the time.	ਹੇ ਪ੍ਰਭੂ! ਮੇਰਾ ਮਨ ਹਰ ਥਾਂ ਤੈਨੂੰ ਯਾਦ ਕਰਦਾ ਹੈ।
52312	1214	ਹਮ ਬਾਰਿਕ ਦੀਨ ਪਿਤਾ ਪ੍ਰਭ ਮੇਰੇ ਜਿਉ ਜਾਨਹਿ ਤਿਉ ਪਾਰੈ॥੧॥ਰਹਾਉ॥		Ham Baarik Dheen Pithaa Prabh Maerae Jio Jaanehi Thio Paarai ||1|| Rehaao ||	I am Your meek and helpless child; You are God my Father. As You know me, You save me. ||1||Pause||	ਹੇ ਮੇਰੇ ਪ੍ਰਭੂ-ਪਿਤਾ! ਅਸੀਂ (ਤੇਰੇ) ਗਰੀਬ ਬੱਚੇ ਹਾਂ, ਜਿਵੇਂ ਹੋ ਸਕੇ ਤਿਵੇਂ (ਸਾਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈ ॥੧॥ ਰਹਾਉ ॥

52313	1214	ਜਬ ਭੂਖੌ ਤਬ ਭੋਜਨੁ ਮਾਂਗੈ ਅਘਾਏ ਸੂਖ ਸਘਾਰੈ॥		Jab Bhukha Thab Bhojan Maangai Aghaaeae Sookh Saghaarai ||	When I am hungry, I ask for food; when I am full, I am totally at peace.	ਹੇ ਪ੍ਰਭੂ! ਜਦੋਂ (ਬੱਚਾ) ਭੁੱਖਾ ਹੁੰਦਾ ਹੈ ਤਦੋਂ (ਖਾਣ ਨੂੰ) ਭੋਜਨ ਮੰਗਦਾ ਹੈ, ਜਦੋਂ ਰੱਜ ਜਾਂਦਾ ਹੈ, ਤਦੋਂ ਉਸ ਨੂੰ ਸਾਰੇ ਸੁਖ (ਪ੍ਰਤੀਤ ਹੁੰਦੇ ਹਨ)।
52314	1214	ਤਬ ਅਰੋਗ ਜਬ ਤੁਮ ਸੰਗਿ ਬਸਤੌ ਛੁਟਕਤ ਹੋਇ ਰਵਾਰੈ॥੧॥		Thab Arog Jab Thum Sang Basatha Shhuttakath Hoe Ravaarai ||1||	When I dwell with You, I am free of disease; if I become separated from You, I turn to dust. ||1||	(ਇਸੇ ਤਰ੍ਹਾਂ ਇਹ ਜੀਵ) ਜਦੋਂ ਤੇਰੇ ਨਾਲ (ਤੇਰੇ ਚਰਨਾਂ ਵਿਚ) ਵੱਸਦਾ ਹੈ, ਤਦੋਂ ਇਸ ਨੂੰ ਕੋਈ ਰੋਗ ਨਹੀਂ ਸਤਾਂਦਾ, (ਤੈਥੋਂ) ਵਿਛੁੜਿਆ ਹੋਇਆ (ਇਹ) ਮਿੱਟੀ ਹੋ ਜਾਂਦਾ ਹੈ ॥੧॥
52315	1214	ਕਵਨ ਬਸੇਰੋ ਦਾਸ ਦਾਸਨ ਕੋ ਥਾਪਿ ਉਥਾਪਨਹਾਰੈ॥	(ਬਸੇਰੋ) ਨਿਵਾਸ ਅਸਥਾਨ, ਟਿਕਾਅ, ਓਟ। ਉਥਾਪਨ-ਹਾਰੈ	Kavan Basaero Dhaas Dhaasan Ko Thhaapio Thhaapanehaarai ||	What power does the slave of Your slave have, O Establisher and Disestablisher?	ਹੇ ਪ੍ਰਭੂ! ਤੇਰੇ ਦਾਸਾਂ ਦੇ ਦਾਸ ਦਾ ਕੀਹ ਜ਼ੋਰ ਚੱਲ ਸਕਦਾ ਹੈ? ਤੂੰ ਆਪ ਹੀ ਪੈਦਾ ਕਰਨ ਵਾਲਾ ਹੈਂ।
52316	1214	ਨਾਮੁ ਨ ਬਿਸਰੈ ਤਬ ਜੀਵਨੁ ਪਾਈਐ ਬਿਨਤੀ ਨਾਨਕ ਇਹ ਸਾਰੈ॥੨॥੨੯॥੫੨॥		Naam N Bisarai Thab Jeevan Paaeeai Binathee Naanak Eih Saarai ||2||29||52||	If I do not forget the Naam, the Name of the Lord, then I die. Nanak offers this prayer. ||2||29||52||	(ਤੇਰਾ ਦਾਸ) ਨਾਨਕ ਇਹ (ਹੀ) ਬੇਨਤੀ ਕਰਦਾ ਹੈ- ਜਦੋਂ ਤੇਰਾ ਨਾਮ ਨਹੀਂ ਭੁੱਲਦਾ, ਤਦੋਂ (ਆਤਮਕ) ਜੀਵਨ ਹਾਸਲ ਕਰੀਦਾ ਹੈ ॥੨॥੨੯॥੫੨॥
52317	1214	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52318	1214	ਮਨ ਤੇ ਭੈ ਭਉ ਦੂਰਿ ਪਰਾਇਓ॥		Man Thae Bhai Bho Dhoor Paraaeiou ||	I have shaken off fear and dread from my mind.	ਮੇਰੇ ਮਨ ਤੋਂ ਦੁਨੀਆ ਦੇ ਖ਼ਤਰਿਆਂ ਦਾ ਸਹਿਮ ਦੂਰ ਹੋ ਗਿਆ,
52319	1214	ਲਾਲ ਦਇਆਲ ਗੁਲਾਲ ਲਾਡਿਲੇ ਸਹਜਿ ਸਹਜਿ ਗੁਨ ਗਾਇਓ॥੧॥ਰਹਾਉ ॥		Laal Dhaeiaal Gulaal Laaddilae Sehaj Sehaj Gun Gaaeiou ||1|| Rehaao ||	With intuitive ease, peace and poise, I sing the Glorious Praises of my Kind, Sweet, Darling Beloved. ||1||Pause||	(ਜਦੋਂ) ਹਰ ਵੇਲੇ ਆਤਮਕ ਅਡੋਲਤਾ ਵਿਚ ਟਿਕ ਕੇ ਸੋਹਣੇ ਦਿਆਲ ਪ੍ਰੇਮ-ਰਸ ਵਿਚ ਭਿੱਜੇ ਹੋਏ ਪਿਆਰੇ ਪ੍ਰਭੂ ਦੇ ਗੁਣ ਮੈਂ ਗਾਣੇ ਸ਼ੁਰੂ ਕੀਤੇ ॥੧॥ ਰਹਾਉ ॥
52320	1214	ਗੁਰ ਬਚਨਾਤਿ ਕਮਾਤ ਕ੍ਰਿਪਾ ਤੇ ਬਹੁਰਿ ਨ ਕਤਹੂ ਧਾਇਓ॥		Gur Bachanaath Kamaath Kirapaa Thae Bahur N Kathehoo Dhhaaeiou ||	Practicing the Guru's Word, by His Grace, I do not wander anywhere anymore.	ਗੁਰੂ ਦੇ ਬਚਨਾਂ ਨੂੰ (ਪ੍ਰਭੂ ਦੀ) ਕਿਰਪਾ ਨਾਲ ਕਮਾਂਦਿਆਂ (ਗੁਰੂ ਦੇ ਦੱਸੇ ਰਸਤੇ ਉੱਤੇ ਤੁਰਦਿਆਂ ਹੁਣ ਮੇਰਾ ਮਨ) ਹੋਰ ਕਿਸੇ ਭੀ ਪਾਸੇ ਨਹੀਂ ਭਟਕਦਾ।
52321	1214	ਰਹਤ ਉਪਾਧਿ ਸਮਾਧਿ ਸੁਖ ਆਸਨ ਭਗਤਿ ਵਛਲੁ ਗ੍ਰਿਹਿ ਪਾਇਓ॥੧॥	ਗ੍ਰਿਹਿ	Rehath Oupaadhh Samaadhh Sukh Aasan Bhagath Vashhal Grihi Paaeiou ||1||	The illusion has been dispelled; I am in Samaadhi, Sukh-aasan, the position of peace. I have found the Lord, the Lover of His devotees, within the home of my own heart. ||1||	(ਮੇਰਾ ਮਨ) ਵਿਕਾਰਾਂ ਤੋਂ ਬਚ ਗਿਆ ਹੈ, ਪ੍ਰਭੂ-ਚਰਨਾਂ ਵਿਚ ਲੀਨਤਾ ਦੇ ਸੁਖਾਂ ਵਿਚ ਟਿਕ ਗਿਆ ਹੈ, ਮੈਂ ਭਗਤੀ ਨਾਲ ਪਿਆਰ ਕਰਨ ਵਾਲੇ ਪ੍ਰਭੂ ਨੂੰ ਹਿਰਦੇ-ਘਰ ਵਿਚ ਲੱਭ ਲਿਆ ਹੈ ॥੧॥

52322	1214	ਨਾਦ ਬਿਨੋਦ ਕੋਡ ਆਨੰਦਾ ਸਹਜੇ ਸਹਜਿ ਸਮਾਇਓ॥		Naadh Binodh Kodd Aanandhaa Sehajae Sehaj Samaaeiou ||	| The Sound-current of the Naad, playful joys and pleasures - I am intuitively, easily absorbed into the Celestial Lord.	(ਹੁਣ ਮੇਰਾ ਮਨ) ਸਦਾ ਹੀ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ,-(ਮਾਨੋ) ਸਾਰੇ ਰਾਗਾਂ ਅਤੇ ਤਮਾਸ਼ਿਆਂ ਦੇ ਕ੍ਰੋੜਾਂ ਹੀ ਆਨੰਦ ਪ੍ਰਾਪਤ ਹੋ ਗਏ ਹਨ,
52323	1214	ਕਰਨਾ ਆਪਿ ਕਰਾਵਨ ਆਪੇ ਕਹੁ ਨਾਨਕ ਆਪਿ ਆਪਾਇਓ॥੨॥੩੦॥੫੩॥	(ਆਪਾਇਓ) ਨਿਰਲੇਪ	Karanaa Aap Karaavan Aapae Kahu Naanak Aap Aapaaeiou ||2||30||53||	He Himself is the Creator, the Cause of causes. Says Nanak, He Himself is All-in-all. ||2||30||53||	ਨਾਨਕ ਆਖਦਾ ਹੈ- (ਹੁਣ ਇਉਂ ਨਿਸ਼ਚਾ ਹੋ ਗਿਆ ਹੈ ਕਿ) ਪਰਮਾਤਮਾ ਆਪ ਹੀ ਸਭ ਕੁਝ ਕਰਨ ਵਾਲਾ ਹੈ ਆਪ ਹੀ (ਜੀਵਾਂ ਪਾਸੋਂ) ਕਰਾਣ ਵਾਲਾ ਹੈ, ਸਭ ਥਾਂ ਆਪ ਹੀ ਆਪ ਹੈ ॥੨॥੩੦॥੫੩॥
52324	1215	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52325	1215	ਅੰਮ੍ਰਿਤ ਨਾਮੁ ਮਨਹਿ ਆਧਾਰੋ॥		Anmrith Naam Manehi Aadhhaaro ||	The Ambrosial Nectar of the Naam, the Name of the Lord, is the Support of the mind.	ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ (ਹੁਣ ਮੇਰੇ) ਮਨ ਦਾ ਆਸਰਾ (ਬਣ ਗਿਆ) ਹੈ।
52326	1215	ਜਿਨਿ ਦੀਆ ਤਿਸ ਕੈ ਕੁਰਬਾਨੈ ਗੁਰ ਪੂਰੇ ਨਮਸਕਾਰੋ॥੧॥ਰਹਾਉ॥		Jin Dheeaa This Kai Kurabaanai Gur Poorae Namasakaaro ||1|| Rehaao ||	I am a sacrifice to the One who gave it to me; I humbly bow to the Perfect Guru. ||1||Pause||	ਜਿਸ (ਗੁਰੂ) ਨੇ (ਇਹ ਹਰਿ-ਨਾਮ ਮੈਨੂੰ) ਦਿੱਤਾ ਹੈ, ਮੈਂ ਉਸ ਤੋਂ ਸਦਕੇ ਜਾਂਦਾ ਹਾਂ, ਉਸ ਪੂਰੇ ਗੁਰੂ ਅੱਗੇ ਸਿਰ ਨਿਵਾਂਦਾ ਹਾਂ ॥੧॥ ਰਹਾਉ ॥

52327	1215	ਬੂਝੀ ਤ੍ਰਿਸਨਾ ਸਹਜਿ ਸੁਹੇਲਾ ਕਾਮੁ ਕ੍ਰੋਧੁ ਬਿਖੁ ਜਾਰੋ॥	ਬੂਝੀ: ਪੋਲਾ ਬੋਲੋ	Boojhee Thrisanaa Sehaj Suhaelaa Kaam Krodhh Bikh Jaaro ||	My thirst is quenched, and I have been intuitively embellished. The poisons of sexual desire and anger have been burnt away.	(ਅੰਮ੍ਰਿਤ ਨਾਮ ਦੀ ਬਰਕਤਿ ਨਾਲ) ਮੇਰੀ ਤ੍ਰਿਸ਼ਨਾ ਮਿਟ ਗਈ ਹੈ, ਮੈਂ ਆਤਮਕ ਅਡੋਲਤਾ ਵਿਚ (ਟਿਕ ਕੇ) ਸੁਖੀ (ਹੋ ਗਿਆ) ਹਾਂ, ਆਤਮਕ ਮੌਤ ਲਿਆਉਣ ਵਾਲੇ ਕ੍ਰੋਧ ਜ਼ਹਰ ਨੂੰ (ਆਪਣੇ ਅੰਦਰੋਂ) ਸਾੜ ਦਿੱਤਾ ਹੈ।
52328	1215	ਆਇ ਨ ਜਾਇ ਬਸੈ ਇਹ ਠਾਹਰ ਜਹ ਆਸਨੁ ਨਿਰੰਕਾਰੋ॥੧॥		Aae N Jaae Basai Eih Thaahar Jeh Aasan Nirankaaro ||1||	This mind does not come and go; it abides in that place, where the Formless Lord sits. ||1||	(ਹੁਣ ਮੇਰਾ ਮਨ) ਕਿਸੇ ਪਾਸੇ ਭਟਕਦਾ ਨਹੀਂ, ਉਸ ਟਿਕਾਣੇ ਤੇ ਟਿਕਿਆ ਰਹਿੰਦਾ ਹੈ ਜਿਥੇ ਪਰਮਾਤਮਾ ਦਾ ਨਿਵਾਸ ਹੈ ॥੧॥
52329	1215	ਏਕੈ ਪਰਗਟੁ ਏਕੈ ਗੁਪਤਾ ਏਕੈ ਧੁੰਧੂਕਾਰੋ॥		Eaekai Paragatt Eaekai Gupathaa Eaekai Dhhundhhookaaro ||	The One Lord is manifest and radiant; the One Lord is hidden and mysterious. The One Lord is abysmal darkness.	ਇਹ ਪਰਤੱਖ ਜਗਤ ਉਹ ਆਪ ਹੀ ਹੈ, (ਇਸ ਜਗਤ ਵਿਚ) ਲੁਕਿਆ ਹੋਇਆ (ਆਤਮਾ ਭੀ) ਉਹ ਆਪ ਹੀ ਹੈ, ਘੁੱਪ ਹਨੇਰਾ ਭੀ (ਜਦੋਂ ਕੋਈ ਜਗਤ-ਰਚਨਾ ਨਹੀਂ ਸੀ) ਉਹ ਆਪ ਹੀ ਹੈ।
52330	1215	ਆਦਿ ਮਧਿ ਅੰਤਿ ਪ੍ਰਭੁ ਸੋਈ ਕਹੁ ਨਾਨਕ ਸਾਚੁ ਬੀਚਾਰੋ॥੨॥੩੧॥੫੪॥		Aadh Madhh Anth Prabh Soee Kahu Naanak Saach Beechaaro ||2||31||54||	From the beginning, throughout the middle and until the end, is God. Says Nanak, reflect on the Truth. ||2||31||54||	ਨਾਨਕ ਆਖਦਾ ਹੈ- (ਹੁਣ ਮੇਰੇ ਅੰਦਰ ਇਹ) ਅਟੱਲ ਵਿਸ਼ਵਾਸ (ਬਣ ਗਿਆ) ਹੈ ਕਿ ਜਗਤ ਦੇ ਆਰੰਭ ਵਿਚ, ਹੁਣ ਵਿਚਕਾਰਲੇ ਸਮੇ, ਜਗਤ ਦੇ ਅਖ਼ੀਰ ਵਿਚ ਉਹ ਪਰਮਾਤਮਾ ਆਪ ਹੀ ਆਪ ਹੈ ॥੨॥੩੧॥੫੪॥

52331	1215	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52332	1215	ਬਿਨੁ ਪ੍ਰਭ ਰਹਨੁ ਨ ਜਾਇ ਘਰੀ॥		Bin Prabh Rehan N Jaae Gharee ||	Without God, I cannot survive, even for an instant.	ਉਹ ਮਨੁੱਖ ਪਰਮਾਤਮਾ ਦੀ ਯਾਦ ਤੋਂ ਬਿਨਾ ਇਕ ਘੜੀ ਭੀ ਨਹੀਂ ਰਹਿ ਸਕਦਾ,
52333	1215	ਸਰਬ ਸੂਖ ਤਾਹੂ ਕੈ ਪੂਰਨ ਜਾ ਕੈ ਸੁਖੁ ਹੈ ਹਰੀ॥੧॥ਰਹਾਉ॥		Sarab Sookh Thaahoo Kai Pooran Jaa Kai Sukh Hai Haree ||1|| Rehaao ||	One who finds joy in the Lord finds total peace and perfection. ||1||Pause||	ਜਿਸ (ਮਨੁੱਖ) ਦੇ ਹਿਰਦੇ ਵਿਚ ਸੁਖਾਂ ਦਾ ਮੂਲ ਪਰਮਾਤਮਾ ਆ ਵੱਸਦਾ ਹੈ, ਉਸ ਮਨੁੱਖ ਦੇ ਹੀ (ਹਿਰਦੇ ਵਿਚ ਸਾਰੇ ਸੁਖ ਆ ਵੱਸਦੇ ਹਨ ॥੧॥ ਰਹਾਉ ॥
52334	1215	ਮੰਗਲ ਰੂਪ ਪ੍ਰਾਨ ਜੀਵਨ ਧਨ ਸਿਮਰਤ ਅਨਦ ਘਨਾ॥		Mangal Roop Praan Jeevan Dhhan Simarath Anadh Ghanaa ||	God is the Embodiment of bliss, the Breath of Life and Wealth; remembering Him in meditation, I am blessed with absolute bliss.	ਉਹ ਪ੍ਰਭੂ ਖ਼ੁਸ਼ੀਆਂ ਦਾ ਰੂਪ ਹੈ, ਪ੍ਰਾਣਾਂ ਦਾ ਜੀਵਨ ਦਾ ਆਸਰਾ ਹੈ, ਉਸ ਨੂੰ ਸਿਮਰਦਿਆਂ ਬਹੁਤ ਆਨੰਦ ਪ੍ਰਾਪਤ ਹੁੰਦੇ ਹਨ।
52335	1215	ਵਡ ਸਮਰਥੁ ਸਦਾ ਸਦ ਸੰਗੇ ਗੁਨ ਰਸਨਾ ਕਵਨ ਭਨਾ॥੧॥		Vadd Samarathh Sadhaa Sadh Sangae Gun Rasanaa Kavan Bhanaa ||1||	He is utterly All-powerful, with me forever and ever; what tongue can utter His Glorious Praises? ||1||	ਉਹ ਪ੍ਰਭੂ ਵੱਡੀਆਂ ਤਾਕਤਾਂ ਦਾ ਮਾਲਕ ਹੈ, ਸਦਾ ਹੀ ਸਦਾ ਹੀ (ਸਾਡੇ) ਨਾਲ ਰਹਿੰਦਾ ਹੈ। ਮੈਂ ਆਪਣੀ ਜੀਭ ਨਾਲ ਉਸ ਦੇ ਕਿਹੜੇ ਕਿਹੜੇ ਗੁਣ ਬਿਆਨ ਕਰਾਂ? ॥੧॥

52336	1215	ਥਾਨ ਪਵਿਤ੍ਰਾ ਮਾਨ ਪਵਿਤ੍ਰਾ ਪਵਿਤ੍ਰ ਸੁਨਨ ਕਹਨਹਾਰੇ॥		Thhaan Pavithraa Maan Pavithraa Pavithr Sunan Kehanehaarae ||	His Place is sacred, and His Glory is sacred; sacred are those who listen and speak of Him.	ਹੇ ਪ੍ਰਭੂ! (ਜਿਥੇ ਤੇਰਾ ਨਾਮ ਉਚਾਰਿਆ ਜਾਂਦਾ ਹੈ) ਉਹ ਥਾਂ ਪਵਿੱਤਰ ਹੋ ਜਾਂਦੇ ਹਨ, ਤੇਰੇ ਨਾਮ ਨੂੰ ਮੰਨਣ ਵਾਲੇ (ਸਰਧਾ ਨਾਲ ਮਨ ਵਿਚ ਵਸਾਣ ਵਾਲੇ) ਪਵਿੱਤਰ ਹੋ ਜਾਂਦੇ ਹਨ, ਤੇਰੇ ਨਾਮ ਨੂੰ ਸੁਣਨ ਵਾਲੇ ਤੇ ਜਪਣ ਵਾਲੇ ਪਵਿੱਤਰ ਹੋ ਜਾਂਦੇ ਹਨ।
52337	1215	ਕਹੁ ਨਾਨਕ ਤੇ ਭਵਨ ਪਵਿਤ੍ਰਾ ਜਾ ਮਹਿ ਸੰਤ ਤੁਮ੍ਹਾਰੇ॥੨॥੩੨॥੫੫॥		Kahu Naanak Thae Bhavan Pavithraa Jaa Mehi Santh Thumhaarae ||2||32||55||	Says Nanak, that dwelling is sacred, in which Your Saints live. ||2||32||55||	ਨਾਨਕ ਆਖਦਾ ਹੈ- ਜਿਨ੍ਹਾਂ ਘਰਾਂ ਵਿਚ ਤੇਰੇ ਸੰਤ ਵੱਸਦੇ ਹਨ ਉਹ ਪਵਿੱਤਰ ਹੋ ਜਾਂਦੇ ਹਨ ॥੨॥੩੨॥੫੫॥
52338	1215	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52339	1215	ਰਸਨਾ ਜਪਤੀ ਤੂਹੀ ਤੂਹੀ॥		Rasanaa Japathee Thoohee Thoohee ||	My tongue chants Your Name, Your Name.	ਹੇ ਪ੍ਰਭੂ! ਮੇਰੀ ਜੀਭ ਸਦਾ ਤੇਰਾ ਜਾਪ ਹੀ ਜਪਦੀ ਹੈ।
52340	1215	ਮਾਤ ਗਰਭ ਤੁਮ ਹੀ ਪ੍ਰਤਿਪਾਲਕ ਮ੍ਰਿਤ ਮੰਡਲ ਇਕ ਤੁਹੀ॥੧॥ਰਹਾਉ॥		Maath Garabh Thum Hee Prathipaalak Mrith Manddal Eik Thuhee ||1|| Rehaao ||	In the mother's womb, You sustained me, and in this mortal world, You alone help me. ||1||Pause||	ਮਾਂ ਦੇ ਪੇਟ ਵਿਚ ਤੂੰ ਹੀ (ਜੀਵਾਂ ਦੀ) ਪਾਲਣਾ ਕਰਨ ਵਾਲਾ ਹੈਂ, ਜਗਤ ਵਿਚ ਹੀ ਸਿਰਫ਼ ਤੂੰ ਹੀ ਪਾਲਣਹਾਰ ਹੈਂ ॥੧॥ ਰਹਾਉ ॥

52341	1215	ਤੁਮਹਿ ਪਿਤਾ ਤੁਮ ਹੀ ਫੁਨਿ ਮਾਤਾ ਤੁਮਹਿ ਮੀਤ ਹਿਤ ਭ੍ਰਾਤਾ॥		Thumehi Pithaa Thum Hee Fun Maathaa Thumehi Meeth Hith Bhraathaa ||	You are my Father, and You are my Mother; You are my Loving Friend and Sibling.	ਹੇ ਪ੍ਰਭੂ! ਤੂੰ ਹੀ ਸਾਡਾ ਪਿਉ ਹੈਂ, ਤੂੰ ਹੀ ਸਾਡੀ ਮਾਂ ਭੀ ਹੈਂ, ਤੂੰ ਹੀ ਮਿੱਤਰ ਹੈਂ ਤੂੰ ਹੀ ਹਿਤੂ ਹੈਂ ਤੂੰ ਹੀ ਭਰਾ ਹੈਂ।
52342	1215	ਤੁਮ ਪਰਵਾਰ ਤੁਮਹਿ ਆਧਾਰਾ ਤੁਮਹਿ ਜੀਅ ਪ੍ਰਾਨਦਾਤਾ॥੧॥		Thum Paravaar Thumehi Aadhhaaraa Thumehi Jeea Praanadhaathaa ||1||	You are my Family, and You are my Support. You are the Giver of the Breath of Life. ||1||	ਤੂੰ ਹੀ ਸਾਡਾ ਪਰਵਾਰ ਹੈਂ, ਤੂੰ ਹੀ ਆਸਰਾ ਹੈਂ, ਤੂੰ ਹੀ ਜਿੰਦ ਦੇਣ ਵਾਲਾ ਹੈਂ, ਤੂੰ ਹੀ ਪ੍ਰਾਣ ਦੇਣ ਵਾਲਾ ਹੈਂ ॥੧॥
52343	1215	ਤੁਮਹਿ ਖਜੀਨਾ ਤੁਮਹਿ ਜਰੀਨਾ ਤੁਮ ਹੀ ਮਾਣਿਕ ਲਾਲਾ॥		Thumehi Khajeenaa Thumehi Jareenaa Thum Hee Maanik Laalaa ||	You are my Treasure, and You are my Wealth. You are my Gems and Jewels.	ਹੇ ਪ੍ਰਭੂ! ਤੂੰ ਹੀ (ਮੇਰੇ ਵਾਸਤੇ) ਖ਼ਜ਼ਾਨਾ ਹੈਂ, ਤੂੰ ਹੀ ਮੇਰਾ ਧਨ-ਦੌਲਤ ਹੈਂ, ਤੂੰ ਹੀ (ਮੇਰੇ ਲਈ) ਮੋਤੀ ਹੀਰੇ ਹੈਂ।
52344	1215	ਤੁਮਹਿ ਪਾਰਜਾਤ ਗੁਰ ਤੇ ਪਾਏ ਤਉ ਨਾਨਕ ਭਏ ਨਿਹਾਲਾ॥੨॥੩੩॥ ੫੬॥		Thumehi Paarajaath Gur Thae Paaeae Tho Naanak Bheae Nihaalaa ||2||33||56||	You are the wish-fulfilling Elysian Tree. Nanak has found You through the Guru, and now he is enraptured. ||2||33||56||	ਤੂੰ ਹੀ (ਸਵਰਗ ਦਾ) ਪਾਰਜਾਤ ਰੁੱਖ ਹੈਂ। ਹੇ ਨਾਨਕ! ਜਦੋਂ ਤੂੰ ਗੁਰੂ ਦੀ ਰਾਹੀਂ ਮਿਲ ਪੈਂਦਾ ਹੈਂ, ਤਦੋਂ ਪ੍ਰਸੰਨ-ਚਿੱਤ ਹੋ ਜਾਈਦਾ ਹੈ ॥੨॥੩੩॥੫੬॥
52345	1215	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52346	1215	ਜਾਹੂ ਕਾਹੂ ਅਪਨੋ ਹੀ ਚਿਤਿ ਆਵੈ॥		Jaahoo Kaahoo Apuno Hee Chith Aavai ||	Wherever he goes, his consciousness turns to his own.	ਹਰ ਕਿਸੇ ਨੂੰ (ਕੋਈ) ਆਪਣਾ ਹੀ (ਪਿਆਰਾ) ਚਿੱਤ ਵਿਚ ਯਾਦ ਆਉਂਦਾ ਹੈ।
52347	1215	ਜੋ ਕਾਹੂ ਕੋ ਚੇਰੋ ਹੋਵਤ ਠਾਕੁਰ ਹੀ ਪਹਿ ਜਾਵੈ॥੧॥ਰਹਾਉ॥		Jo Kaahoo Ko Chaero Hovath Thaakur Hee Pehi Jaavai ||1|| Rehaao ||	Whoever is a chaylaa (a servant) goes only to his Lord and Master. ||1||Pause||	ਜਿਹੜਾ ਮਨੁੱਖ ਕਿਸੇ ਦਾ ਸੇਵਕ ਹੁੰਦਾ ਹੈ, (ਉਹ ਸੇਵਕ ਆਪਣੇ) ਮਾਲਕ ਪਾਸ ਹੀ (ਲੋੜ ਪਿਆਂ) ਜਾਂਦਾ ਹੈ ॥੧॥ ਰਹਾਉ ॥
52348	1215	ਅਪਨੇ ਪਹਿ ਦੂਖ ਅਪਨੇ ਪਹਿ ਸੂਖਾ ਅਪੁਨੇ ਹੀ ਪਹਿ ਬਿਰਥਾ॥		Apanae Pehi Dhookh Apunae Pehi Sookhaa Apanae Hee Pehi Birathhaa ||	He shares his sorrows, his joys and his condition only with his own.	ਆਪਣੇ ਸਨੇਹੀ ਕੋਲ ਦੁੱਖ ਫੋਲੀਦੇ ਹਨ ਆਪਣੇ ਸਨੇਹੀ ਪਾਸ ਸੁਖ ਦੀਆਂ ਗੱਲਾਂ ਕਰੀਦੀਆਂ ਹਨ, ਆਪਣੇ ਹੀ ਸਨੇਹੀ ਕੋਲ ਦਿਲ ਦਾ ਦੁੱਖ ਦੱਸੀਦਾ ਹੈ।
52349	1215	ਅਪੁਨੇ ਪਹਿ ਮਾਨੁ ਅਪੁਨੇ ਪਹਿ ਤਾਨਾ ਅਪਨੇ ਹੀ ਪਹਿ ਅਰਥਾ॥੧॥		Apunae Pehi Maan Apunae Pehi Thaanaa Apanae Hee Pehi Arathhaa ||1||	He obtains honor from his own, and strength from his own; he gets an advantage from his own. ||1||	ਆਪਣੇ ਸਨੇਹੀ ਉਤੇ ਹੀ ਮਾਣ ਕਰੀਦਾ ਹੈ, ਆਪਣੇ ਸਨੇਹੀ ਦਾ ਹੀ ਆਸਰਾ ਤੱਕੀਦਾ ਹੈ, ਆਪਣੇ ਸਨੇਹੀ ਨੂੰ ਹੀ ਆਪਣੀਆਂ ਲੋੜਾਂ ਦੱਸੀਦੀਆਂ ਹਨ ॥੧॥
52350	1215	ਕਿਨਹੀ ਰਾਜ ਜੋਬਨੁ ਧਨ ਮਿਲਖਾ ਕਿਨਹੀ ਬਾਪ ਮਹਤਾਰੀ॥		Kin Hee Raaj Joban Dhhan Milakhaa Kin Hee Baap Mehathaaree ||	Some have regal power, youth, wealth and property; some have a father and a mother.	ਕਿਸੇ ਨੇ ਰਾਜ ਦਾ ਮਾਣ ਕੀਤਾ, ਕਿਸੇ ਨੇ ਜਵਾਨੀ ਨੂੰ (ਆਪਣੀ ਸਮਝਿਆ), ਕਿਸੇ ਨੇ ਧਨ ਧਰਤੀ ਦਾ ਮਾਣ ਕੀਤਾ, ਕਿਸੇ ਨੇ ਪਿਉ ਮਾਂ ਦਾ ਆਸਰਾ ਤੱਕਿਆ।

52351	1215	ਸਰਬ ਥੋਕ ਨਾਨਕ ਗੁਰ ਪਾਏ ਪੂਰਨ ਆਸ ਹਮਾਰੀ॥੨॥੩੪॥੫੭॥		Sarab Thhok Naanak Gur Paaeae Pooran Aas Hamaaree ||2||34||57||	I have obtained all things, O Nanak, from the Guru. My hopes have been fulfilled. ||2||34||57||	ਹੇ ਗੁਰੂ! ਮੈਂ ਨਾਨਕ ਨੇ ਸਾਰੇ ਪਦਾਰਥ ਤੈਥੋਂ ਪ੍ਰਾਪਤ ਕਰ ਲਏ ਹਨ, ਮੇਰੀ ਹਰੇਕ ਆਸ (ਤੇਰੇ ਦਰ ਤੋਂ) ਪੂਰੀ ਹੁੰਦੀ ਹੈ ॥੨॥੩੪॥੫੭॥
52352	1215	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52353	1215	ਝੂਠੋ ਮਾਇਆ ਕੋ ਮਦ ਮਾਨੁ॥		Jhootho Maaeiaa Ko Madh Maan ||	False is intoxication and pride in Maya.	ਹੇ ਅੰਞਾਣ! ਮਾਇਆ ਦਾ ਨਸ਼ਾ ਮਾਇਆ ਦਾ ਅਹੰਕਾਰ ਝੂਠਾ ਹੈ (ਸਦਾ ਕਾਇਮ ਰਹਿਣ ਵਾਲਾ ਨਹੀਂ)।
52354	1215	ਧ੍ਰੋਹ ਮੋਹ ਦੂਰਿ ਕਰਿ ਬਪੁਰੇ ਸੰਗਿ ਗੋਪਾਲਹਿ ਜਾਨੁ॥੧॥ਰਹਾਉ॥	ਗੋਪਾਲ-ਹਿ	Dhhroh Moh Dhoor Kar Bapurae Sang Gopaalehi Jaan ||1|| Rehaao ||	Get rid of your fraud and attachment, O wretched mortal, and remember that the Lord of the World is with you. ||1||Pause||	(ਮਾਇਆ ਦਾ) ਮੋਹ (ਆਪਣੇ ਅੰਦਰੋਂ) ਦੂਰ ਕਰ, (ਮਾਇਆ ਦੀ ਖ਼ਾਤਰ) ਠੱਗੀ ਕਰਨੀ ਦੂਰ ਕਰ, ਪਰਮਾਤਮਾ ਨੂੰ ਸਦਾ ਆਪਣੇ ਨਾਲ ਵੱਸਦਾ ਸਮਝ ॥੧॥ ਰਹਾਉ ॥
52355	1215	ਮਿਥਿਆ ਰਾਜ ਜੋਬਨ ਅਰੁ ਉਮਰੇ ਮੀਰ ਮਲਕ ਅਰੁ ਖਾਨ॥		Mithhiaa Raaj Joban Ar Oumarae Meer Malak Ar Khaan ||	False are royal powers, youth, nobility, kings, rulers and aristocrats.	ਰਾਜ ਨਾਸਵੰਤ ਹੈ ਜਵਾਨੀ ਨਾਸਵੰਤ ਹੈ। ਅਮੀਰ ਪਾਤਿਸ਼ਾਹ ਮਾਲਕ ਖ਼ਾਨ ਸਭ ਨਾਸਵੰਤ ਹਨ (ਇਹਨਾਂ ਹਕੂਮਤਾਂ ਦਾ ਨਸ਼ਾ ਸਦਾ ਕਾਇਮ ਨਹੀਂ ਰਹੇਗਾ)।

52356	1215	ਮਿਥਿਆ ਕਾਪਰ ਸੁਗੰਧ ਚਤੁਰਾਈ ਮਿਥਿਆ ਭੋਜਨ ਪਾਨ॥੧॥		Mithhiaa Kaapar Sugandhh Chathuraaee Mithhiaa Bhojan Paan ||1||	False are the fine clothes, perfumes and clever tricks; false are the foods and drinks. ||1||	ਇਹ ਕੱਪੜੇ ਤੇ ਸੁਗੰਧੀਆਂ ਸਭ ਨਾਸਵੰਤ ਹਨ, (ਇਹਨਾਂ ਦੇ ਆਸਰੇ) ਚਤੁਰਾਈ ਕਰਨੀ ਝੂਠਾ ਕੰਮ ਹੈ। ਖਾਣ ਪੀਣ ਦੇ (ਵਧੀਆ) ਪਦਾਰਥ ਸਭ ਨਾਸਵੰਤ ਹਨ ॥੧॥
52357	1215	ਦੀਨ ਬੰਧਰੋ ਦਾਸ ਦਾਸਰੋ ਸੰਤਹ ਕੀ ਸਾਰਾਨ॥	(ਬੰਧਰੋ) ਸਬੰਧੀ। (ਸਾਰਾਨ) ਸ਼ਰਨ	Dheen Bandhharo Dhaas Dhaasaro Santheh Kee Saaraan ||	O Patron of the meek and the poor, I am the slave of Your slaves; I seek the Sanctuary of Your Saints.	ਹੇ ਗਰੀਬਾਂ ਦੇ ਸਹਾਈ! ਮੈਂ ਤੇਰੇ ਦਾਸਾਂ ਦਾ ਦਾਸ ਹਾਂ, ਮੈਂ ਤੇਰੇ ਸੰਤਾਂ ਦੀ ਸਰਨ ਹਾਂ।
52358	1215	ਮਾਂਗਨਿ ਮਾਂਗਉ ਹੋਇ ਅਚਿੰਤਾ ਮਿਲੁ ਨਾਨਕ ਕੇ ਹਰਿ ਪ੍ਰਾਨ॥੨॥੩੫॥੫੮॥		Maangan Maango Hoe Achinthaa Mil Naanak Kae Har Praan ||2||35||58||	I humbly ask, I beg of You, please relieve my anxiety; O Lord of Life, please unite Nanak with Yourself. ||2||35||58||	ਹੇ ਨਾਨਕ ਦੀ ਜਿੰਦ-ਜਾਨ ਹਰੀ! ਹੋਰ ਆਸਰੇ ਛੱਡ ਕੇ ਮੈਂ (ਤੇਰੇ ਦਰ ਤੋਂ) ਮੰਗ ਮੰਗਦਾ ਹਾਂ ਕਿ ਮੈਨੂੰ ਦਰਸਨ ਦੇਹ ॥੨॥੩੫॥੫੮॥
52359	1215	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52360	1215	ਅਪੁਨੀ ਇਤਨੀ ਕਛੂ ਨ ਸਾਰੀ॥	(ਕਛੂ) ਥੋੜੀ (ਇਤਨੀ) ਜਿਤਨੀ। (ਸਾਰੀ) ਸਮ੍ਹਾਲੀ	Apunee Eithanee Kashhoo N Saaree ||	By himself, the mortal cannot accomplish anything.	ਹੇ ਗਵਾਰ! (ਜਿਹੜੀ ਆਤਮਕ ਜਾਇਦਾਦ) ਆਪਣੀ (ਬਣਨੀ ਸੀ, ਉਸ ਦੀ) ਰਤਾ ਭਰ ਭੀ ਸੰਭਾਲ ਨਾਹ ਕੀਤੀ।

52361	1215	ਅਨਿਕ ਕਾਜ ਅਨਿਕ ਧਾਵਰਤਾ ਉਰਝਿਓ ਆਨ ਜੰਜਾਰੀ॥੧॥ਰਹਾਉ॥	(ਧਾ–ਵਰਤਾ)ਧੌਣੀਆਂ	Anik Kaaj Anik Dhhaavarathaa Ourajhiou Aan Janjaaree ||1|| Rehaao ||	He runs around chasing all sorts of projects, engrossed in other entanglements. ||1||Pause||	(ਤੂੰ ਸਾਰੀ ਉਮਰ) ਅਨੇਕਾਂ ਕੰਮਾਂ ਵਿਚ, ਅਨੇਕਾਂ ਦੌੜ-ਭੱਜਾਂ ਵਿਚ ਅਤੇ ਹੋਰ ਹੋਰ ਜੰਜਾਲਾਂ ਵਿਚ ਹੀ ਫਸਿਆ ਰਿਹਾ ॥੧॥ ਰਹਾਉ ॥
52362	1215	ਦਿਉਸ ਚਾਰਿ ਕੇ ਦੀਸਹਿ ਸੰਗੀ ਊਹਾਂ ਨਾਹੀ ਜਹ ਭਾਰੀ॥		Dhious Chaar Kae Dheesehi Sangee Oohaan Naahee Jeh Bhaaree ||	His companions of these few days will not be there when he is in trouble.	ਹੇ ਗਵਾਰ! (ਦੁਨੀਆ ਵਾਲੇ ਇਹ) ਸਾਥੀ ਚਾਰ ਦਿਨਾਂ ਦੇ ਹੀ (ਸਾਥੀ) ਦਿੱਸਦੇ ਹਨ, ਜਿੱਥੇ ਬਿਪਤਾ ਪੈਂਦੀ ਹੈ, ਉਥੇ ਇਹ (ਸਹਾਇਤਾ) ਨਹੀਂ (ਕਰ ਸਕਦੇ)।
52363	1216	ਤਿਨ ਸਿਉ ਰਾਚਿ ਮਾਚਿ ਹਿਤੁ ਲਾਇਓ ਜੋ ਕਾਮਿ ਨਹੀ ਗਾਵਾਰੀ॥੧॥		Thin Sio Raach Maach Hith Laaeiou Jo Kaam Nehee Gaavaaree ||1||	He is hand and glove with those who are of no use to him; the poor wretch is affectionately involved with them. ||1||	ਹੇ ਗਵਾਰ! ਤੂੰ ਉਹਨਾਂ ਨਾਲ ਪਰਚ ਕੇ ਪਿਆਰ ਪਾਇਆ ਹੋਇਆ ਹੈ ਜੋ (ਆਖ਼ਿਰ) ਤੇਰੇ ਕੰਮ ਨਹੀਂ ਆ ਸਕਦੇ ॥੧॥
52364	1216	ਹਉ ਨਾਹੀ ਨਾਹੀ ਕਿਛੁ ਮੇਰਾ ਨਾ ਹਮਰੋ ਬਸੁ ਚਾਰੀ॥	(ਚਾਰੀ) ਜ਼ੋਰ। ਬੱਸੁ	Ho Naahee Naahee Kishh Maeraa Naa Hamaro Bas Chaaree ||	I am nothing; nothing belongs to me. I have no power or control.	ਹੇ ਪ੍ਰਭੂ! ਮੇਰੀ ਕੋਈ ਪਾਂਇਆਂ ਨਹੀਂ, ਮੇਰੀ ਕੋਈ ਸਮਰਥਾ ਨਹੀਂ, (ਮਾਇਆ ਦੇ ਟਾਕਰੇ ਤੇ) ਮੇਰਾ ਕੋਈ ਵੱਸ ਨਹੀਂ ਚੱਲਦਾ ਮੇਰਾ ਕੋਈ ਜ਼ੋਰ ਨਹੀਂ ਪੈਂਦਾ।

52365	1216	ਕਰਨ ਕਰਾਵਨ ਨਾਨਕ ਕੇ ਪ੍ਰਭ ਸੰਤਨ ਸੰਗਿ ਉਧਾਰੀ॥੨॥੩੬॥੫੯॥		Karan Karaavan Naanak Kae Prabh Santhan Sang Oudhhaaree ||2||36||59||	O Creator, Cause of causes, Lord God of Nanak, I am saved and redeemed in the Society of the Saints. ||2||36||59||	ਹੇ ਸਭ ਕੁਝ ਕਰਨ ਦੀ ਸਮਰਥਾ ਵਾਲੇ! ਹੇ ਸਭ ਕੁਝ ਕਰਾ ਸਕਣ ਵਾਲੇ! ਹੇ ਨਾਨਕ ਦੇ ਪ੍ਰਭੂ! ਮੈਨੂੰ ਆਪਣੇ ਸੰਤਾਂ ਦੀ ਸੰਗਤ ਵਿਚ ਰੱਖ ਕੇ (ਇਸ ਸੰਸਾਰ-ਸਮੁੰਦਰ ਤੋਂ) ਮੇਰਾ ਪਾਰ-ਉਤਾਰਾ ਕਰ ॥੨॥੩੬॥੫੯॥
52366	1216	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52367	1216	ਮੋਹਨੀ ਮੋਹਤ ਰਹੈ ਨ ਹੋਰੀ॥		Mohanee Mohath Rehai N Horee ||	The Great Enticer Maya keeps enticing, and cannot be stopped.	ਹੇ ਭਾਈ ! ਮੋਹਨੀ ਮਾਇਆ (ਜੀਵਾਂ ਨੂੰ) ਆਪਣੇ ਮੋਹ ਵਿਚ ਫਸਾਂਦੀ ਰਹਿੰਦੀ ਹੈ, ਕਿਸੇ ਪਾਸੋਂ ਰੋਕਿਆਂ ਰੁਕਦੀ ਨਹੀਂ।
52368	1216	ਸਾਧਿਕ ਸਿਧ ਸਗਲ ਕੀ ਪਿਆਰੀ ਤੁਟੈ ਨ ਕਾਹੂ ਤੋਰੀ॥੧॥ਰਹਾਉ॥		Saadhhik Sidhh Sagal Kee Piaaree Thuttai N Kaahoo Thoree ||1|| Rehaao ||	She is the Beloved of all the Siddhas and seekers; no one can fend her off. ||1||Pause||	ਜੋਗ-ਸਾਧਨਾ ਕਰਨ ਵਾਲੇ ਸਾਧੂ, ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ-(ਮਾਇਆ ਇਹਨਾਂ) ਸਭਨਾਂ ਦੀ ਹੀ ਪਿਆਰੀ ਹੈ। ਕਿਸੇ ਪਾਸੋਂ (ਉਸ ਦਾ ਪਿਆਰ) ਤੋੜਿਆਂ ਟੁੱਟਦਾ ਨਹੀਂ ॥੧॥ ਰਹਾਉ ॥
52369	1216	ਖਟੁ ਸਾਸਤ੍ਰ ਉਚਰਤ ਰਸਨਾਗਰ ਤੀਰਥ ਗਵਨ ਨ ਥੋਰੀ॥	(ਰਸਨਾਗਰ) ਕੰਠੋਂ ਪੜ੍ਹਨਾ। ਖਟੁ:ਪੋਲਾ ਬੋਲੋ। ਉੱਚਰਤ	Khatt Saasathr Oucharath Rasanaagar Theerathh Gavan N Thhoree ||	Reciting the six Shaastras and visiting sacred shrines of pilgrimage do not decrease her power.	ਛੇ ਸ਼ਾਸਤ੍ਰ ਮੂੰਹ-ਜ਼ਬਾਨੀ ਉਚਾਰਿਆਂ, ਤੀਰਥਾਂ ਦਾ ਰਟਨ ਕੀਤਿਆਂ ਭੀ (ਮਾਇਆ ਵਾਲੀ ਪ੍ਰੀਤ) ਘਟਦੀ ਨਹੀਂ ਹੈ।

52370	1216	ਪੂਜਾ ਚਕ੍ਰ ਬਰਤ ਨੇਮ ਤਪੀਆ ਊਹਾ ਗੈਲਿ ਨ ਛੋਰੀ॥੧॥		Poojaa Chakr Barath Naem Thapeeaa Oohaa Gail N Shhoree ||1||	Devotional worship, ceremonial religious marks, fasting, vows and penance - none of these will make her release her hold. ||1||	ਅਨੇਕਾਂ ਲੋਕ ਹਨ ਦੇਵ-ਪੂਜਾ ਕਰਨ ਵਾਲੇ, (ਆਪਣੇ ਸਰੀਰ ਉੱਤੇ ਗਣੇਸ਼ ਆਦਿਕ ਦੇ) ਨਿਸ਼ਾਨ ਲਾਣ ਵਾਲੇ, ਵਰਤ ਆਦਿਕਾਂ ਦੇ ਨੇਮ ਨਿਬਾਹੁਣ ਵਾਲੇ, ਤਪ ਕਰਨ ਵਾਲੇ। ਪਰ ਮਾਇਆ ਉਥੇ ਭੀ ਪਿੱਛਾ ਨਹੀਂ ਛੱਡਦੀ (ਖ਼ਲਾਸੀ ਨਹੀਂ ਕਰਦੀ) ॥੧॥
52371	1216	ਅੰਧ ਕੂਪ ਮਹਿ ਪਤਿਤ ਹੋਤ ਜਗੁ ਸੰਤਹੁ ਕਰਹੁ ਪਰਮਗਤਿ ਮੋਰੀ॥		Andhh Koop Mehi Pathith Hoth Jag Santhahu Karahu Param Gath Moree ||	The world has fallen into the deep dark pit. O Saints, please bless me with the supreme status of salvation.	ਹੇ ਸੰਤ ਜਨੋ! ਜਗਤ ਮਾਇਆ ਦੇ ਮੋਹ ਦੇ ਅੰਨ੍ਹੇ ਖੂਹ ਵਿਚ ਡਿੱਗ ਰਿਹਾ ਹੈ (ਤੁਸੀਂ ਮਿਹਰ ਕਰੋ) ਮੇਰੀ ਉੱਚੀ ਆਤਮਕ ਅਵਸਥਾ ਬਣਾਓ (ਅਤੇ ਮੈਨੂੰ ਮਾਇਆ ਦੇ ਪੰਜੇ ਵਿਚੋਂ ਬਚਾਓ)।
52372	1216	ਸਾਧਸੰਗਤਿ ਨਾਨਕੁ ਭਇਓ ਮੁਕਤਾ ਦਰਸਨੁ ਪੇਖਤ ਭੋਰੀ॥੨॥੩੭॥੬੦॥		Saadhhasangath Naanak Bhaeiou Mukathaa Dharasan Paekhath Bhoree ||2||37||60||	In the Saadh Sangat, the Company of the Holy, Nanak has been liberated, gazing upon the Blessed Vision of their Darshan, even for an instant. ||2||37||60||	ਹੇ ਨਾਨਕ! ਜਿਹੜਾ ਮਨੁੱਖ ਸਾਧ ਸੰਗਤ ਵਿਚ (ਪਰਮਾਤਮਾ ਦਾ) ਥੋੜਾ ਜਿਤਨਾ ਭੀ ਦਰਸਨ ਕਰਦਾ ਹੈ, (ਉਹ ਮਾਇਆ ਦੇ ਪੰਜੇ ਤੋਂ) ਆਜ਼ਾਦ ਹੋ ਜਾਂਦਾ ਹੈ ॥੨॥੩੭॥੬੦॥
52373	1216	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52374	1216	ਕਹਾ ਕਰਹਿ ਰੇ ਖਾਟਿ ਖਾਟੁਲੀ॥		Kehaa Karehi Rae Khaatt Khaattulee ||	Why are you working so hard to earn profits?	ਹੇ (ਮੂਰਖ)! (ਮਾਇਆ ਵਾਲੀ) ਕੋਝੀ ਖੱਟੀ ਖੱਟ ਕੇ ਤੂੰ ਕੀਹ ਕਰਦਾ ਰਹਿੰਦਾ ਹੈ?
52375	1216	ਪਵਨਿ ਅਫਾਰ ਤੋਰ ਚਾਮਰੋ ਅਤਿ ਜਜਰੀ ਤੇਰੀ ਰੇ ਮਾਟੁਲੀ॥੧॥ਰਹਾਉ॥	(ਅਫਾਰ) ਆਫਰਿਆ। (ਜਜਰੀ) ਨਾਸਵੰਤ। (ਮਾਟੁਲੀ) ਦੇਹੀ	Pavan Afaar Thor Chaamaro Ath Jajaree Thaeree Rae Maattulee ||1|| Rehaao ||	You are puffed up like a bag of air, and your skin is very brittle. Your body has grown old and dusty. ||1||Pause||	ਹੇ ਮੂਰਖ! (ਤੂੰ ਧਿਆਨ ਹੀ ਨਹੀਂ ਦੇਂਦਾ ਕਿ) ਹਵਾ ਨਾਲ ਤੇਰੀ ਚਮੜੀ ਫੁੱਲੀ ਹੋਈ ਹੈ, ਤੇ, ਤੇਰਾ ਸਰੀਰ ਬਹੁਤ ਜਰਜਰਾ ਹੁੰਦਾ ਜਾ ਰਿਹਾ ਹੈ ॥੧॥ ਰਹਾਉ ॥
52376	1216	ਊਹੀ ਤੇ ਹਰਿਓ ਊਹਾ ਲੇ ਧਰਿਓ ਜੈਸੇ ਬਾਸਾ ਮਾਸ ਦੇਤ ਝਾਟੁਲੀ॥	ਬੱਾਸਾ	Oohee Thae Hariou Oohaa Lae Dhhariou Jaisae Baasaa Maas Dhaeth Jhaattulee ||	You move things from here to there, like the hawk swooping down on the flesh of its prey.	ਹੇ ਮੂਰਖ! ਜਿਵੇਂ ਬਾਸ਼ਾ ਮਾਸ ਵਾਸਤੇ ਝਪਟ ਮਾਰਦਾ ਹੈ, ਤਿਵੇਂ ਤੂੰ ਭੀ ਧਰਤੀ ਤੋਂ ਹੀ (ਧਨ ਝਪਟ ਮਾਰ ਕੇ) ਖੋਹਦਾ ਹੈਂ, ਤੇ, ਧਰਤੀ ਵਿਚ ਹੀ ਸਾਂਭ ਰੱਖਦਾ ਹੈਂ।
52377	1216	ਦੇਵਨਹਾਰੁ ਬਿਸਾਰਿਓ ਅੰਧੁਲੇ ਜਿਉ ਸਫਰੀ ਉਦਰੁ ਭਰੈ ਬਹਿ ਹਾਟੁਲੀ॥੧॥		Dhaevanehaar Bisaariou Andhhulae Jio Safaree Oudhar Bharai Behi Haattulee ||1||	You are blind - you have forgotten the Great Giver. You fill your belly like a traveller at an inn. ||1||	ਹੇ (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਮਨੁੱਖ! ਤੂੰ ਸਾਰੇ ਪਦਾਰਥ ਦੇਣ ਵਾਲੇ ਪ੍ਰਭੂ ਨੂੰ ਭੁਲਾ ਦਿੱਤਾ ਹੈ, ਜਿਵੇਂ ਕੋਈ ਰਾਹੀ ਕਿਸੇ ਹੱਟੀ ਤੇ ਬੈਠ ਕੇ ਆਪਣਾ ਪੇਟ ਭਰੀ ਜਾਂਦਾ ਹੈ (ਤੇ, ਇਹ ਚੇਤਾ ਹੀ ਭੁਲਾ ਦੇਂਦਾ ਹੈ ਕਿ ਮੇਰਾ ਪੈਂਡਾ ਖੋਟਾ ਹੋ ਰਿਹਾ ਹੈ) ॥੧॥

52378	1216	ਸਾਦ ਬਿਕਾਰ ਬਿਕਾਰ ਝੂਠ ਰਸ ਜਹ ਜਾਨੋ ਤਹ ਭੀਰ ਬਾਟੁਲੀ॥		Saadh Bikaar Bikaar Jhooth Ras Jeh Jaano Theh Bheer Baattulee ||	You are entangled in the taste of false pleasures and corrupt sins; the path which you have to take is very narrow.	ਹੇ ਮੂਰਖ! ਤੂੰ ਵਿਕਾਰਾਂ ਦੇ ਸੁਆਦਾਂ ਵਿਚ ਨਾਸਵੰਤ ਪਦਾਰਥਾਂ ਦੇ ਰਸਾਂ ਵਿਚ (ਮਸਤ ਹੈਂ) ਜਿੱਥੇ ਤੂੰ ਜਾਣਾ ਹੈ, ਉਹ ਰਸਤਾ (ਇਹਨਾਂ ਰਸਾਂ ਤੇ ਸੁਆਦਾਂ ਦੇ ਕਾਰਨ) ਔਖਾ ਹੁੰਦਾ ਜਾ ਰਿਹਾ ਹੈ।
52379	1216	ਕਹੁ ਨਾਨਕ ਸਮਝੁ ਰੇ ਇਆਨੇ ਆਜੁ ਕਾਲਿ ਖੁਲੈ ਤੇਰੀ ਗਾਂਠੁਲੀ॥੨॥੩੮॥੬੧॥		Kahu Naanak Samajh Rae Eiaanae Aaj Kaal Khulhai Thaeree Gaanthulee ||2||38||61||	Says Nanak: figure it out, you ignorant fool! Today or tomorrow, the knot will be untied! ||2||38||61||	ਨਾਨਕ ਆਖਦਾ ਹੈ- ਹੇ ਮੂਰਖ! ਝਬਦੇ ਹੀ ਤੇਰੇ ਪ੍ਰਾਣਾਂ ਦੀ ਗੰਢ ਖੁਲ੍ਹ ਜਾਣੀ ਹੈ ॥੨॥੩੮॥੬੧॥
52380	1216	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52381	1216	ਗੁਰ ਜੀਉ ਸੰਗਿ ਤੁਹਾਰੈ ਜਾਨਿਓ॥		Gur Jeeo Sang Thuhaarai Jaaniou ||	O Dear Guru, by associating with You, I have come to know the Lord.	ਹੇ ਸਤਿਗੁਰੂ ਜੀ! ਤੇਰੀ ਸੰਗਤ ਵਿਚ (ਰਹਿ ਕੇ) ਇਹ ਸਮਝ ਆਈ ਹੈ,
52382	1216	ਕੋਟਿ ਜੋਧ ਉਆ ਕੀ ਬਾਤ ਨ ਪੁਛੀਐ ਤਾਂ ਦਰਗਹ ਭੀ ਮਾਨਿਓ॥੧॥ਰਹਾਉ॥		Kott Jodhh Ouaa Kee Baath N Pushheeai Thaan Dharageh Bhee Maaniou ||1|| Rehaao ||	There are millions of heroes, and no one pays any attention to them, but in the Court of the Lord, I am honored and respected. ||1||Pause||	ਕਿ (ਜਿਹੜੇ ਜਗਤ ਵਿਚ) ਕ੍ਰੋੜਾਂ ਸੂਰਮੇ (ਅਖਵਾਂਦੇ ਸਨ) ਉਹਨਾਂ ਦੀ ਜਿੱਥੇ ਵਾਤ ਭੀ ਨਹੀਂ ਪੁੱਛੀ ਜਾਂਦੀ (ਜੇ ਤੇਰੀ ਸੰਗਤ ਵਿਚ ਟਿਕੇ ਰਹੀਏ) ਤਾਂ ਉਸ ਦਰਗਾਹ ਵਿਚ ਭੀ ਆਦਰ ਮਿਲਦਾ ਹੈ ॥੧॥ ਰਹਾਉ ॥

52383	1216	ਕਵਨ ਮੂਲੁ ਪ੍ਰਾਨੀ ਕਾ ਕਹੀਐ ਕਵਨ ਰੂਪੁ ਦ੍ਰਿਸਟਾਨਿਓ॥		Kavan Mool Praanee Kaa Keheeai Kavan Roop Dhrisattaaniou ||	What is the origin of the human beings? How beautiful they are!	(ਰਕਤ ਬਿੰਦ ਦਾ) ਜੀਵ ਦਾ ਗੰਦਾ ਜਿਹਾ ਹੀ ਮੁੱਢ ਆਖਿਆ ਜਾਂਦਾ ਹੈ (ਪਰ ਇਸ ਗੰਦੇ ਮੂਲ ਤੋਂ ਭੀ) ਕੈਸੀ ਸੋਹਣੀ ਸ਼ਕਲ ਦਿੱਸ ਪੈਂਦੀ ਹੈ।
52384	1216	ਜੋਤਿ ਪ੍ਰਗਾਸ ਭਈ ਮਾਟੀ ਸੰਗਿ ਦੁਲਭ ਦੇਹ ਬਖਾਨਿਓ॥੧॥	ਦੁ-ਲਭ	Joth Pragaas Bhee Maattee Sang Dhulabh Dhaeh Bakhaaniou ||1||	When God infuses His Light into clay, the human body is judged to be precious. ||1||	ਜਦੋਂ ਮਿੱਟੀ ਦੇ ਅੰਦਰ (ਪ੍ਰਭੂ ਦੀ) ਜੋਤਿ ਦਾ ਪ੍ਰਕਾਸ਼ ਹੁੰਦਾ ਹੈ, ਤਾਂ ਇਸ ਨੂੰ ਦੁਰਲੱਭ (ਮਨੁੱਖਾ) ਸਰੀਰ ਆਖੀਦਾ ਹੈ ॥੧॥
52385	1216	ਤੁਮ ਤੇ ਸੇਵ ਤੁਮ ਤੇ ਜਪ ਤਾਪਾ ਤੁਮ ਤੇ ਤਤੁ ਪਛਾਨਿਓ॥		Thum Thae Saev Thum Thae Jap Thaapaa Thum Thae Thath Pashhaaniou ||	From You, I have learned to serve; from You, I have learned to chant and meditate; from You, I have realized the essence of reality.	ਹੇ ਗੁਰੂ! ਤੈਥੋਂ ਹੀ (ਮੈਂ) ਸੇਵਾ-ਭਗਤੀ ਦੀ ਜਾਚ ਸਿੱਖੀ, ਤੈਥੋਂ ਹੀ ਜਪ ਤਪ ਦੀ ਸਮਝ ਆਈ, ਤੈਥੋਂ ਹੀ ਸਹੀ ਜੀਵਨ-ਰਸਤਾ ਸਮਝਿਆ।
52386	1216	ਕਰੁ ਮਸਤਕਿ ਧਰਿ ਕਟੀ ਜੇਵਰੀ ਨਾਨਕ ਦਾਸ ਦਸਾਨਿਓ॥੨॥੩੯॥੬੨॥		Kar Masathak Dhhar Kattee Jaevaree Naanak Dhaas Dhasaaniou ||2||39||62||	Placing His Hand on my forehead, He has cut away the bonds which held me; O Nanak, I am the slave of His slaves. ||2||39||62||	ਮੇਰੇ ਮੱਥੇ ਉੱਤੇ ਤੂੰ ਆਪਣਾ ਹੱਥ ਰੱਖ ਕੇ ਮੇਰੀ ਮਾਇਆ ਦੇ ਮੋਹ ਦੀ ਫਾਹੀ ਕੱਟ ਦਿੱਤੀ ਹੈ, ਮੈਂ ਨਾਨਕ ਤੇਰੇ ਦਾਸਾਂ ਦਾ ਦਾਸ ਹਾਂ ॥੨॥੩੯॥੬੨॥
52387	1216	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52388	1216	ਹਰਿ ਹਰਿ ਦੀਓ ਸੇਵਕ ਕਉ ਨਾਮ॥		Har Har Dheeou Saevak Ko Naam ||	The Lord has blessed His servant with His Name.	ਹੇ ਭਾਈ! ਆਪਣੇ ਸੇਵਕ ਨੂੰ ਪਰਮਾਤਮਾ ਆਪਣਾ ਨਾਮ ਆਪ ਦੇਂਦਾ ਹੈ।
52389	1216	ਮਾਨਸੁ ਕਾ ਕੋ ਬਪੁਰੋ ਭਾਈ ਜਾ ਕੋ ਰਾਖਾ ਰਾਮ॥੧॥ਰਹਾਉ॥		Maanas Kaa Ko Bapuro Bhaaee Jaa Ko Raakhaa Raam ||1|| Rehaao ||	What can any poor mortal do to someone who has the Lord as his Savior and Protector? ||1||Pause||	ਹੇ ਭਾਈ! ਜਿਸ ਮਨੁੱਖ ਦਾ ਰਖਵਾਲਾ ਪਰਮਾਤਮਾ ਆਪ ਬਣਦਾ ਹੈ, ਮਨੁੱਖ ਕਿਸ ਦਾ ਵਿਚਾਰਾ ਹੈ (ਕਿ ਉਸ ਦਾ ਕੁਝ ਵਿਗਾੜ ਸਕੇ?) ॥੧॥ ਰਹਾਉ ॥
52390	1216	ਆਪਿ ਮਹਾ ਜਨੁ ਆਪੇ ਪੰਚਾ ਆਪਿ ਸੇਵਕ ਕੈ ਕਾਮ॥	(ਜਨੁ) ਗੁਰਸੇਵਕ। (ਪੰਚਾ) ਸੰਤ	Aap Mehaa Jan Aapae Panchaa Aap Saevak Kai Kaam ||	He Himself is the Great Being; He Himself is the Leader. He Himself accomplishes the tasks of His servant.	ਪਰਮਾਤਮਾ ਆਪ ਹੀ ਆਪਣੇ ਸੇਵਕ ਦੇ ਕੰਮ ਆਉਂਦਾ ਹੈ, ਆਪ ਹੀ (ਉਸ ਦੇ ਵਾਸਤੇ) ਮੁਖੀਆ ਹੈ।
52391	1216	ਆਪੇ ਸਗਲੇ ਦੂਤ ਬਿਦਾਰੇ ਠਾਕੁਰ ਅੰਤਰਜਾਮ॥੧॥		Aapae Sagalae Dhooth Bidhaarae Thaakur Antharajaam ||1||	Our Lord and Master destroys all demons; He is the Inner-knower, the Searcher of hearts. ||1||	ਅੰਤਰਜਾਮੀ ਮਾਲਕ-ਪ੍ਰਭੂ ਆਪ ਹੀ (ਆਪਣੇ ਸੇਵਕ ਦੇ) ਸਾਰੇ ਵੈਰੀ ਮੁਕਾ ਦੇਂਦਾ ਹੈ ॥੧॥
52392	1216	ਆਪੇ ਪਤਿ ਰਾਖੀ ਸੇਵਕ ਕੀ ਆਪਿ ਕੀਓ ਬੰਧਾਨ॥		Aapae Path Raakhee Saevak Kee Aap Keeou Bandhhaan ||	He Himself saves the honor of His servants; He Himself blesses them with stability.	ਪਰਮਾਤਮਾ ਆਪ ਹੀ ਆਪਣੇ ਸੇਵਕ ਦੀ ਇੱਜ਼ਤ ਰੱਖਦਾ ਹੈ, (ਉਸ ਦੀ ਇੱਜ਼ਤ ਬਚਾਣ ਲਈ) ਆਪ ਹੀ ਪੱਕੇ ਨਿਯਮ ਥਾਪ ਦੇਂਦਾ ਹੈ।

52393	1216	ਆਦਿ ਜੁਗਾਦਿ ਸੇਵਕ ਕੀ ਰਾਖੈ ਨਾਨਕ ਕੋ ਪ੍ਰਭੁ ਜਾਨ॥੨॥੪੦॥੬੩॥		Aadh Jugaadh Saevak Kee Raakhai Naanak Ko Prabh Jaan ||2||40||63||	From the very beginning of time, and throughout the ages, He saves His servants. O Nanak, how rare is the person who knows God. ||2||40||63||	ਨਾਨਕ ਦਾ ਜਾਣੀਜਾਣ ਪ੍ਰਭੂ ਆਦਿ ਤੋਂ ਜੁਗਾਂ ਦੇ ਆਦਿ ਤੋਂ ਆਪਣੇ ਸੇਵਕ ਦੀ ਇੱਜ਼ਤ ਰੱਖਦਾ ਆਇਆ ਹੈ ॥੨॥੪੦॥੬੩॥
52394	1216	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52395	1216	ਤੂ ਮੇਰੇ ਮੀਤ ਸਖਾ ਹਰਿ ਪ੍ਰਾਨ॥		Thoo Maerae Meeth Sakhaa Har Praan ||	O Lord, You are my Best Friend, my Companion, my Breath of Life.	ਹੇ ਹਰੀ! ਤੂੰ ਹੀ ਮੇਰਾ ਮਿੱਤਰ ਹੈਂ, ਤੂੰ ਹੀ ਮੇਰੇ ਪ੍ਰਾਣਾਂ ਦਾ ਸਹਾਈ ਹੈਂ।
52396	1216	ਮਨੁ ਧਨੁ ਜੀਉ ਪਿੰਡੁ ਸਭੁ ਤੁਮਰਾ ਇਹੁ ਤਨੁ ਸੀਤੋ ਤੁਮਰੈ ਧਾਨ॥੧॥ਰਹਾਉ॥		Man Dhhan Jeeo Pindd Sabh Thumaraa Eihu Than Seetho Thumarai Dhhaan ||1|| Rehaao ||	My mind, wealth, body and soul are all Yours; this body is sewn together by Your Blessing. ||1||Pause||	ਮੇਰਾ ਇਹ ਮਨ ਧਨ ਇਹ ਜਿੰਦ ਇਹ ਸਰੀਰ-ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ। ਮੇਰਾ ਇਹ ਸਰੀਰ ਤੇਰੀ ਹੀ ਬਖ਼ਸ਼ੀ ਖ਼ੁਰਾਕ ਨਾਲ ਪਲਿਆ ਹੈ ॥੧॥ ਰਹਾਉ ॥
52397	1216	ਤੁਮ ਹੀ ਦੀਏ ਅਨਿਕ ਪ੍ਰਕਾਰਾ ਤੁਮ ਹੀ ਦੀਏ ਮਾਨ॥		Thum Hee Dheeae Anik Prakaaraa Thum Hee Dheeae Maan ||	You have blessed me with all sorts of gifts; you have blessed me with honor and respect.	ਹੇ ਪ੍ਰਭੂ! ਮੈਨੂੰ ਤੂੰ ਹੀ ਅਨੇਕਾਂ ਕਿਸਮਾਂ ਦੇ ਪਦਾਰਥ ਦੇਂਦਾ ਹੈਂ, ਤੂੰ ਹੀ ਮੈਨੂੰ ਆਦਰ ਦਿੰਦਾ ਹੈਂ।

52398	1216	ਸਦਾ ਸਦਾ ਤੁਮ ਹੀ ਪਤਿ ਰਾਖਹੁ ਅੰਤਰਜਾਮੀ ਜਾਨ॥੧॥		Sadhaa Sadhaa Thum Hee Path Raakhahu Antharajaamee Jaan ||1||	Forever and ever, You preserve my honor, O Inner-knower, O Searcher of hearts. ||1||	ਹੇ ਦਿਲ ਦੀ ਜਾਣਨ ਵਾਲੇ! ਹੇ ਜਾਣੀਜਾਣ! ਤੂੰ ਹੀ ਸਦਾ ਸਦਾ ਮੇਰੀ ਇੱਜ਼ਤ ਰੱਖਦਾ ਹੈਂ ॥੧॥
52399	1217	ਜਿਨ ਸੰਤਨ ਜਾਨਿਆ ਤੂ ਠਾਕੁਰ ਤੇ ਆਏ ਪਰਵਾਨ॥		Jin Santhan Jaaniaa Thoo Thaakur Thae Aaeae Paravaan ||	Those Saints who know You, O Lord and Master - blessed and approved is their coming into the world.	ਹੇ (ਮੇਰੇ) ਮਾਲਕ! ਜਿਨ੍ਹਾਂ ਸੰਤ ਜਨਾਂ ਨੇ ਤੈਨੂੰ ਜਾਣ ਲਿਆ (ਤੇਰੇ ਨਾਲ ਡੂੰਘੀ ਸਾਂਝ ਪਾ ਲਈ), ਉਹਨਾਂ ਦਾ ਹੀ ਜਗਤ ਵਿਚ ਆਉਣਾ ਸਫਲ ਹੈ।
52400	1217	ਜਨ ਕਾ ਸੰਗੁ ਪਾਈਐ ਵਡਭਾਗੀ ਨਾਨਕ ਸੰਤਨ ਕੈ ਕੁਰਬਾਨ॥੨॥੪੧॥੬੪॥		Jan Kaa Sang Paaeeai Vaddabhaagee Naanak Santhan Kai Kurabaan ||2||41||64||	The Congregation of those humble beings is obtained by great good fortune; Nanak is a sacrifice to the Saints. ||2||41||64||	ਹੇ ਨਾਨਕ! ਸੰਤ ਜਨਾਂ ਦੀ ਸੰਗਤ ਵੱਡੇ ਭਾਗਾਂ ਨਾਲ ਮਿਲਦੀ ਹੈ। ਮੈਂ ਤਾਂ ਸੰਤ ਜਨਾਂ ਤੋਂ ਸਦਕੇ ਜਾਂਦਾ ਹਾਂ ॥੨॥੪੧॥੬੪॥
52401	1217	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52402	1217	ਕਰਹੁ ਗਤਿ ਦਇਆਲ ਸੰਤਹੁ ਮੋਰੀ॥		Karahu Gath Dhaeiaal Santhahu Moree ||	Save me, O Merciful Saint!	ਹੇ ਦਇਆ ਦੇ ਸੋਮੇ ਸੰਤ ਜਨੋ! (ਮਿਹਰ ਕਰ ਕੇ) ਮੇਰੀ ਉੱਚੀ ਆਤਮਕ ਅਵਸਥਾ ਕਰ ਦਿਉ।

52403	1217	ਤੁਮ ਸਮਰਥ ਕਾਰਨ ਕਰਨਾ ਤੂਟੀ ਤੁਮ ਹੀ ਜੋਰੀ॥੧॥ਰਹਾਉ॥	ਸਮਰੱਥ	Thum Samarathh Kaaran Karanaa Thoottee Thum Hee Joree ||1|| Rehaao ||	You are the All-powerful Cause of causes. You have ended my separation, and joined me with God. ||1||Pause||	ਤੁਸੀਂ ਸਭ ਤਾਕਤਾਂ ਦੇ ਮਾਲਕ ਅਤੇ ਜਗਤ ਦੇ ਮੂਲ ਪਰਮਾਤਮਾ ਦਾ ਰੂਪ ਹੋ। ਪਰਮਾਤਮਾ ਨਾਲੋਂ ਟੁੱਟੀ ਹੋਈ ਸੁਰਤ ਤੁਸੀਂ ਹੀ ਜੋੜਨ ਵਾਲੇ ਹੋ ॥੧॥ ਰਹਾਉ ॥
52404	1217	ਜਨਮ ਜਨਮ ਕੇ ਬਿਖਈ ਤੁਮ ਤਾਰੇ ਸੁਮਤਿ ਸੰਗਿ ਤੁਮਾਰੈ ਪਾਈ॥	ਬਿ-ਖਈ: ਪੋਲਾ ਬੋਲੋ। ਸੁ-ਮੱਤਿ	Janam Janam Kae Bikhee Thum Thaarae Sumath Sang Thumaarai Paaee ||	You save us from the corruption and sins of countless incarnations; associating with You, we obtain sublime understanding.	ਹੇ ਸੰਤ ਜਨੋ! ਅਨੇਕਾਂ ਜਨਮਾਂ ਦੇ ਵਿਕਾਰੀਆਂ ਨੂੰ ਤੁਸੀਂ (ਵਿਕਾਰਾਂ ਤੋਂ) ਬਚਾ ਲੈਂਦੇ ਹੋ, ਤੁਹਾਡੀ ਸੰਗਤ ਵਿਚ ਰਿਹਾਂ ਸ੍ਰੇਸ਼ਟ ਅਕਲ ਪ੍ਰਾਪਤ ਹੋ ਜਾਂਦੀ ਹੈ।
52405	1217	ਅਨਿਕ ਜੋਨਿ ਭ੍ਰਮਤੇ ਪ੍ਰਭ ਬਿਸਰਤ ਸਾਸਿ ਸਾਸਿ ਹਰਿ ਗਾਈ॥੧॥		Anik Jon Bhramathae Prabh Bisarath Saas Saas Har Gaaee ||1||	Forgetting God, we wandered through countless incarnations; with each and every breath, we sing the Lord's Praises. ||1||	ਪਰਮਾਤਮਾ ਨੂੰ ਭੁਲਾ ਕੇ ਅਨੇਕਾਂ ਜੂਨਾਂ ਵਿਚ ਭਟਕਦਿਆਂ ਨੇ ਭੀ (ਤੁਹਾਡੀ ਸੰਗਤ ਵਿਚ) ਹਰੇਕ ਸਾਹ ਦੇ ਨਾਲ ਪ੍ਰਭੂ ਦੀ ਸਿਫ਼ਤ-ਸਾਲਾਹ ਸ਼ੁਰੂ ਕਰ ਦਿੱਤੀ ॥੧॥
52406	1217	ਜੋ ਜੋ ਸੰਗਿ ਮਿਲੇ ਸਾਧੂ ਕੈ ਤੇ ਤੇ ਪਤਿਤ ਪੁਨੀਤਾ॥		Jo Jo Sang Milae Saadhhoo Kai Thae Thae Pathith Puneethaa ||	Whoever meets with the Holy Saints - those sinners are sanctified.	ਜਿਹੜੇ ਜਿਹੜੇ ਮਨੁੱਖ ਗੁਰੂ ਦੀ ਸੰਗਤ ਵਿਚ ਮਿਲਦੇ ਹਨ, ਉਹ ਸਾਰੇ ਵਿਕਾਰੀਆਂ ਤੋਂ ਸੁੱਚੇ ਜੀਵਨ ਵਾਲੇ ਬਣ ਜਾਂਦੇ ਹਨ।

52407	1217	ਕਹੁ ਨਾਨਕ ਜਾ ਕੇ ਵਡਭਾਗਾ ਤਿਨਿ ਜਨਮੁ ਪਦਾਰਥੁ ਜੀਤਾ॥੨॥੪੨॥੬੫॥		Kahu Naanak Jaa Kae Vaddabhaagaa Thin Janam Padhaarathh Jeethaa ||2||42||65||	Says Nanak, those who have such high destiny, win this invaluable human life. ||2||42||65||	ਨਾਨਕ ਆਖਦਾ ਹੈ- ਜਿਸ ਮਨੁੱਖ ਦੇ ਵੱਡੇ ਭਾਗ ਜਾਗ ਪਏ, ਉਸ ਨੇ (ਸੰਤ ਜਨਾਂ ਦੀ ਸੰਗਤ ਵਿਚ ਰਹਿ ਕੇ) ਇਹ ਕੀਮਤੀ ਮਨੁੱਖਾ ਜਨਮ (ਵਿਕਾਰਾਂ ਅੱਗੇ) ਹਾਰਨ ਤੋਂ ਬਚਾ ਲਿਆ ॥੨॥੪੨॥੬੫॥
52408	1217	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52409	1217	ਠਾਕੁਰ ਬਿਨਤੀ ਕਰਨ ਜਨੁ ਆਇਓ॥		Thaakur Binathee Karan Jan Aaeiou ||	O my Lord and Master, Your humble servant has come to offer this prayer.	ਹੇ (ਮੇਰੇ) ਮਾਲਕ-ਪ੍ਰਭੂ! (ਤੇਰਾ) ਦਾਸ (ਤੇਰੇ ਦਰ ਤੇ) ਬੇਨਤੀ ਕਰਨ ਆਇਆ ਹੈ।
52410	1217	ਸਰਬ ਸੂਖ ਆਨੰਦ ਸਹਜ ਰਸ ਸੁਨਤ ਤੁਹਾਰੋ ਨਾਇਓ॥੧॥ਰਹਾਉ॥		Sarab Sookh Aanandh Sehaj Ras Sunath Thuhaaro Naaeiou ||1|| Rehaao ||	Hearing Your Name, I am blessed with total peace, bliss, poise and pleasure. ||1||Pause||	ਤੇਰਾ ਨਾਮ ਸੁਣਦਿਆਂ ਆਤਮਕ ਅਡੋਲਤਾ ਦੇ ਸਾਰੇ ਸੁਖ ਸਾਰੇ ਆਨੰਦ ਸਾਰੇ ਰਸ (ਮਿਲ ਜਾਂਦੇ ਹਨ) ॥੧॥ ਰਹਾਉ ॥
52411	1217	ਕ੍ਰਿਪਾਨਿਧਾਨ ਸੂਖ ਕੇ ਸਾਗਰ ਜਸੁ ਸਭ ਮਹਿ ਜਾ ਕੋ ਛਾਇਓ॥		Kirapaa Nidhhaan Sookh Kae Saagar Jas Sabh Mehi Jaa Ko Shhaaeiou ||	The Treasure of Mercy, the Ocean of Peace - His Praises are diffused everywhere.	ਹੇ ਦਇਆ ਦੇ ਖ਼ਜ਼ਾਨੇ! ਹੇ ਸੁਖਾਂ ਦੇ ਸਮੁੰਦਰ! (ਤੂੰ ਐਸਾ ਹੈਂ) ਜਿਸ ਦੀ ਸੋਭਾ ਸਾਰੀ ਸ੍ਰਿਸ਼ਟੀ ਵਿਚ ਆਪਣਾ ਪ੍ਰਭਾਵ ਪਾਂਦੀ ਹੈ।

52412	1217	ਸੰਤਸੰਗਿ ਰੰਗ ਤੁਮ ਕੀਏ ਅਪਨਾ ਆਪੁ ਦ੍ਰਿਸਟਾਇਓ॥੧॥		Santhasang Rang Thum Keeeae Apanaa Aap Dhrisattaaeiou ||1||	O Lord, You celebrate in the Society of the Saints; You reveal Yourself to them. ||1||	ਸੰਤਾਂ ਦੀ ਸੰਗਤ ਵਿਚ ਤੂੰ ਅਨੇਕਾਂ ਆਨੰਦ-ਚੋਜ ਕਰਦਾ ਹੈਂ, ਤੇ, ਆਪਣੇ ਆਪ ਨੂੰ ਪਰਗਟ ਕਰਦਾ ਹੈਂ ॥੧॥
52413	1217	ਨੈਨਹੁ ਸੰਗਿ ਸੰਤਨ ਕੀ ਸੇਵਾ ਚਰਨ ਝਾਰੀ ਕੇਸਾਇਓ॥		Nainahu Sang Santhan Kee Saevaa Charan Jhaaree Kaesaaeiou ||	With my eyes I see the Saints, and dedicate myself to serving them; I wash their feet with my hair.	(ਹੇ ਪ੍ਰਭੂ! ਮਿਹਰ ਕਰ) ਅੱਖਾਂ ਨਾਲ (ਦਰਸਨ ਕਰ ਕੇ) ਮੈਂ ਸੰਤ ਜਨਾਂ ਦੀ ਸੇਵਾ ਕਰਦਾ ਰਹਾਂ, ਉਹਨਾਂ ਦੇ ਚਰਨ ਆਪਣੇ ਕੇਸਾਂ ਨਾਲ ਝਾੜਦਾ ਰਹਾਂ।
52414	1217	ਆਠ ਪਹਰ ਦਰਸਨੁ ਸੰਤਨ ਕਾ ਸੁਖੁ ਨਾਨਕ ਇਹੁ ਪਾਇਓ॥੨॥੪੩॥੬੬॥		Aath Pehar Dharasan Santhan Kaa Sukh Naanak Eihu Paaeiou ||2||43||66||	Twenty-four hours a day, I gaze upon the Blessed Vision, the Darshan of the Saints; this is the peace and comfort which Nanak has received. ||2||43||66||	ਮੈਂ ਅੱਠੇ ਪਹਰ ਸੰਤ ਜਨਾਂ ਦਾ ਦਰਸਨ ਕਰਦਾ ਰਹਾਂ, ਮੈਨੂੰ ਨਾਨਕ ਨੂੰ ਇਹ ਸੁਖ ਮਿਲਿਆ ਰਹੇ ॥੨॥੪੩॥੬੬॥
52415	1217	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52416	1217	ਜਾ ਕੀ ਰਾਮ ਨਾਮ ਲਿਵ ਲਾਗੀ॥		Jaa Kee Raam Naam Liv Laagee ||	One who is lovingly absorbed in the Lord's Name	ਜਿਸ ਮਨੁੱਖ ਦੀ ਲਗਨ ਪਰਮਾਤਮਾ ਦੇ ਨਾਮ ਨਾਲ ਲੱਗ ਜਾਂਦੀ ਹੈ,

52417	1217	ਸਜਨੁ ਸੁਰਿਦਾ ਸੁਹੇਲਾ ਸਹਜੇ ਸੋ ਕਹੀਐ ਬਡਭਾਗੀ॥੧॥ਰਹਾਉ ॥	(ਸੁ-ਰਿਦਾ) ਨੇਕ ਦਿਲ ਮਿੱਤ੍ਰ। ਸੱਜਨੁ	Sajan Suridhaa Suhaelaa Sehajae So Keheeai Baddabhaagee ||1|| Rehaao ||	Is a good-hearted friend, intuitively embellished with happiness. He is said to be blessed and fortunate. ||1||Pause||	ਉਹ ਭਲਾ ਮਨੁੱਖ ਬਣ ਜਾਂਦਾ ਹੈ, ਉਹ ਸੋਹਣੇ ਹਿਰਦੇ ਵਾਲਾ ਹੋ ਜਾਂਦਾ ਹੈ, ਉਹ ਸੁਖੀ ਹੋ ਜਾਂਦਾ ਹੈ, ਉਹ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ। ਉਸ ਨੂੰ ਵੱਡੇ ਭਾਗਾਂ ਵਾਲਾ ਆਖਣਾ ਚਾਹੀਦਾ ਹੈ ॥੧॥ ਰਹਾਉ ॥
52418	1217	ਰਹਿਤ ਬਿਕਾਰ ਅਲਪ ਮਾਇਆ ਤੇ ਅਹੰਬੁਧਿ ਬਿਖੁ ਤਿਆਗੀ॥		Rehith Bikaar Alap Maaeiaa Thae Ahanbudhh Bikh Thiaagee ||	He is rid of sin and corruption, and detached from Maya; he has renounced the poison of egotistical intellect.	(ਜਿਸ ਮਨੁੱਖ ਦੀ ਸੁਰਤ ਪਰਮਾਤਮਾ ਦੇ ਨਾਮ ਵਿਚ ਜੁੜਦੀ ਹੈ, ਉਹ) ਵਿਕਾਰਾਂ ਤੋਂ ਬਚਿਆ ਰਹਿੰਦਾ ਹੈ, ਮਾਇਆ ਤੋਂ ਨਿਰਲੇਪ ਰਹਿੰਦਾ ਹੈ, ਆਤਮਕ ਮੌਤ ਲਿਆਉਣ ਵਾਲੀ ਹਉਮੈ-ਜ਼ਹਰ ਉਹ ਤਿਆਗ ਦੇਂਦਾ ਹੈ।
52419	1217	ਦਰਸ ਪਿਆਸ ਆਸ ਏਕਹਿ ਕੀ ਟੇਕ ਹੀਐਂ ਪ੍ਰਿਅ ਪਾਗੀ॥੧॥		Dharas Piaas Aas Eaekehi Kee Ttaek Heeain Pria Paagee ||1||	He thirsts for the Blessed Vision of the Lord's Darshan, and he places his hopes in the One Lord alone. The Feet of his Beloved are the Support of his heart. ||1||	ਉਸ ਨੂੰ ਸਿਰਫ਼ ਪਰਮਾਤਮਾ ਦੇ ਦਰਸਨ ਦੀ ਤਾਂਘ ਤੇ ਉਡੀਕ ਲੱਗੀ ਰਹਿੰਦੀ ਹੈ, ਉਹ ਮਨੁੱਖ ਆਪਣੇ ਹਿਰਦੇ ਵਿਚ ਪਿਆਰੇ ਪ੍ਰਭੂ ਦੇ ਚਰਨਾਂ ਦਾ ਆਸਰਾ ਬਣਾਈ ਰੱਖਦਾ ਹੈ ॥੧॥

52420	1217	ਅਚਿੰਤ ਸੋਇ ਜਾਗਨੁ ਉਠਿ ਬੈਸਨੁ ਅਚਿੰਤ ਹਸਤ ਬੈਰਾਗੀ॥	ਹੱਸਤ	Achinth Soe Jaagan Outh Baisan Achinth Hasath Bairaagee ||	He sleeps, wakes, rises up and sits down without anxiety; he laughs and cries without anxiety.	(ਪਰਮਾਤਮਾ ਦੇ ਨਾਮ ਵਿਚ ਸੁਰਤ ਜੋੜੀ ਰੱਖਣ ਵਾਲਾ ਮਨੁੱਖ) ਸੁੱਤ ਜਾਗਦਾ ਉੱਠਦਾ ਬੈਠਦਾ, ਹੱਸਦਾ, ਵੈਰਾਗ ਕਰਦਾ- ਹਰ ਵੇਲੇ ਹੀ ਚਿੰਤਾ ਤੋਂ ਰਹਿਤ ਰਹਿੰਦਾ ਹੈ।
52421	1217	ਕਹੁ ਨਾਨਕ ਜਿਨਿ ਜਗਤੁ ਠਗਾਨਾ ਸੁ ਮਾਇਆ ਹਰਿ ਜਨ ਠਾਗੀ ॥੨॥੪੪॥੬੭॥	ਜੱਗਤੁ	Kahu Naanak Jin Jagath Thagaanaa S Maaeiaa Har Jan Thaagee ||2||44||67||	Says Nanak, she who has cheated the world - that Maya is cheated by the humble servant of the Lord. ||2||44||67||	ਨਾਨਕ ਆਖਦਾ ਹੈ- ਜਿਸ ਮਾਇਆ ਨੇ ਸਾਰੇ ਜਗਤ ਨੂੰ ਭਰਮਾਇਆ ਹੈ, ਸੰਤ ਜਨਾਂ ਨੇ ਉਸ ਮਾਇਆ ਨੂੰ ਆਪਣੇ ਵੱਸ ਵਿਚ ਰੱਖਿਆ ਹੋਇਆ ਹੈ ॥੨॥੪੪॥੬੭॥
52422	1217	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52423	1217	ਅਬ ਜਨ ਊਪਰਿ ਕੋ ਨ ਪੁਕਾਰੈ॥		Ab Jan Oopar Ko N Pukaarai ||	Now, no one complains about the Lord's humble servant.	(ਜਦੋਂ ਮਨੁੱਖ ਗੁਰੂ ਦੇ ਬਚਨ ਉੱਤੇ ਤੁਰ ਕੇ ਹਰਿ-ਨਾਮ ਜਪਦਾ ਹੈ) ਤਦੋਂ ਉਸ ਸੇਵਕ ਉੱਤੇ ਕੋਈ ਮਨੁੱਖ ਕੋਈ ਦੂਸ਼ਣ ਨਹੀਂ ਲਾ ਸਕਦਾ।
52424	1217	ਪੂਕਾਰਨ ਕਉ ਜੋ ਉਦਮੁ ਕਰਤਾ ਗੁਰੁ ਪਰਮੇਸਰੁ ਤਾ ਕਉ ਮਾਰੈ॥੧॥ਰਹਾਉ॥		Pookaaran Ko Jo Oudham Karathaa Gur Paramaesar Thaa Ko Maarai ||1|| Rehaao ||	Whoever tries to complain is destroyed by the Guru, the Transcendent Lord God. ||1||Pause||	ਜਿਹੜਾ ਮਨੁੱਖ ਪ੍ਰਭੂ ਦੇ ਸੇਵਕ ਉੱਤੇ ਦੂਸ਼ਣ ਥੱਪਣ ਦਾ ਜਤਨ ਕਰਦਾ ਹੈ, ਗੁਰੂ ਪਰਮਾਤਮਾ ਉਸ ਦਾ ਆਤਮਕ ਜੀਵਨ ਨੀਵਾਂ ਕਰ ਦੇਂਦਾ ਹੈ ॥੧॥ ਰਹਾਉ ॥

52425	1217	ਨਿਰਵੈਰੈ ਸੰਗਿ ਵੈਰੁ ਰਚਾਵੈ ਹਰਿ ਦਰਗਹ ਓਹੁ ਹਾਰੈ॥		Niravairai Sang Vair Rachaavai Har Dharageh Ouhu Haarai ||	Whoever harbors vengeance against the One who is beyond all vengenace, shall lose in the Court of the Lord.	ਜਿਹੜਾ ਮਨੁੱਖ ਕਦੇ ਕਿਸੇ ਨਾਲ ਵੈਰ ਨਹੀਂ ਕਰਦਾ, ਉਸ ਨਾਲ ਜਿਹੜਾ ਵੈਰ ਕਮਾਂਦਾ ਹੈ, ਉਹ ਮਨੁੱਖ ਪਰਮਾਤਮਾ ਦੀ ਦਰਗਾਹ ਵਿਚ ਆਤਮਕ ਜੀਵਨ ਦੇ ਤੋਲ ਵਿਚ ਪੂਰਾ ਨਹੀਂ ਉਤਰਦਾ।
52426	1217	ਆਦਿ ਜੁਗਾਦਿ ਪ੍ਰਭ ਕੀ ਵਡਿਆਈ ਜਨ ਕੀ ਪੈਜ ਸਵਾਰੈ॥੧॥		Aadh Jugaadh Prabh Kee Vaddiaaee Jan Kee Paij Savaarai ||1||	From the very beginning of time, and throughout the ages, it is the glorious greatness of God, that He preserves the honor of His humble servants. ||1||	ਜਗਤ ਦੇ ਸ਼ੁਰੂ ਤੋਂ, ਜੁਗਾਂ ਦੇ ਮੁੱਢ ਤੋਂ ਹੀ ਪਰਮਾਤਮਾ ਦਾ ਇਹ ਗੁਣ ਚਲਿਆ ਆ ਰਿਹਾ ਹੈ ਕਿ ਉਹ ਆਪਣੇ ਸੇਵਕ ਦੀ ਲਾਜ ਰੱਖਦਾ ਹੈ ॥੧॥
52427	1217	ਨਿਰਭਉ ਭਏ ਸਗਲ ਭਉ ਮਿਟਿਆ ਚਰਨਕਮਲ ਆਧਾਰੈ॥		Nirabho Bheae Sagal Bho Mittiaa Charan Kamal Aadhhaarai ||	The mortal becomes fearless, and all his fears are taken away, when he leans on the Support of the Lord's Lotus Feet.	ਪਰਮਾਤਮਾ ਦੇ ਸੋਹਣੇ ਚਰਨਾਂ ਦਾ ਆਸਰਾ ਲਿਆਂ ਪ੍ਰਭੂ ਦਾ ਸੇਵਕ ਨਿਰਭਉ ਹੋ ਜਾਂਦਾ ਹੈ, ਉਸ ਦਾ (ਦੁਨੀਆ ਵਾਲਾ) ਹਰੇਕ ਡਰ ਮਿਟ ਜਾਂਦਾ ਹੈ।

52428	1217	ਗੁਰ ਕੈ ਬਚਨਿ ਜਪਿਓ ਨਾਉ ਨਾਨਕ ਪ੍ਰਗਟ ਭਇਓ ਸੰਸਾਰੈ॥੨॥੪੫॥੬੮॥		Gur Kai Bachan Japiou Naao Naanak Pragatt Bhaeiou Sansaarai ||2||45||68||	Chanting the Name, through the Guru's Word, Nanak has become famous throughout the world. ||2||45||68||	ਹੇ ਨਾਨਕ! ਗੁਰੂ ਦੇ ਉਪਦੇਸ਼ ਤੇ ਤੁਰ ਕੇ ਜਿਸ ਨੇ ਭੀ ਪਰਮਾਤਮਾ ਦਾ ਨਾਮ ਜਪਿਆ, ਉਹ ਜਗਤ ਵਿਚ ਨਾਮਣੇ ਵਾਲਾ ਹੋ ਗਿਆ ॥੨॥੪੫॥੬੮॥
52429	1217	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52430	1217	ਹਰਿ ਜਨ ਛੋਡਿਆ ਸਗਲਾ ਆਪੁ॥		Har Jan Shhoddiaa Sagalaa Aap ||	The Lord's humble servant has discarded all self-conceit.	ਹੇ ਪ੍ਰਭੂ! (ਜਿਵੇਂ) ਤੇਰੇ ਭਗਤਾਂ ਨੇ ਆਪਾ-ਭਾਵ ਤਿਆਗਿਆ ਹੁੰਦਾ ਹੈ (ਤੇ, ਤੇਰੇ ਦਰ ਤੇ ਅਰਜ਼ੋਈ ਕਰਦੇ ਹਨ ਤਿਵੇਂ ਮੈਂ ਭੀ ਆਪਾ-ਭਾਵ ਛੱਡ ਕੇ ਬੇਨਤੀ ਕਰਦਾ ਹਾਂ-)
52431	1217	ਜਿਉ ਜਾਨਹੁ ਤਿਉ ਰਖਹੁ ਗੁਸਾਈ ਪੇਖਿ ਜੀਵਾਂ ਪਰਤਾਪੁ॥੧॥ਰਹਾਉ॥	ਗੁਸਾਂਈਂ	Jio Jaanahu Thio Rakhahu Gusaaee Paekh Jeevaan Parathaap ||1|| Rehaao ||	As You see fit, You save us, O Lord of the World. Beholding Your Glorious Grandeur, I live. ||1||Pause||	ਹੇ ਜਗਤ ਦੇ ਖਸਮ! ਜਿਵੇਂ ਹੋ ਸਕੇ ਤਿਵੇਂ (ਇਸ ਮਾਇਆ ਦੇ ਹੱਥੋਂ) ਮੇਰੀ ਰੱਖਿਆ ਕਰ। ਤੇਰਾ ਪਰਤਾਪ ਵੇਖ ਕੇ ਮੈਂ ਆਤਮਕ ਜੀਵਨ ਹਾਸਲ ਕਰਦਾ ਰਹਾਂ ॥੧॥ ਰਹਾਉ ॥

52432	1217	ਗੁਰ ਉਪਦੇਸਿ ਸਾਧ ਕੀ ਸੰਗਤਿ ਬਿਨਸਿਓ ਸਗਲ ਸੰਤਾਪੁ॥		Gur Oupadhaes Saadhh Kee Sangath Binasiou Sagal Santhaap ||	Through the Guru's Instruction, and the Saadh Sangat, the Company of the Holy, all sorrow and suffering is taken away.	ਗੁਰੂ ਦੇ ਉਪਦੇਸ਼ ਦੀ ਰਾਹੀਂ, ਸਾਧ ਸੰਗਤ ਦੀ ਬਰਕਤਿ ਨਾਲ (ਜਿਸ ਮਨੁੱਖ ਦੇ ਅੰਦਰੋਂ) ਸਾਰਾ ਦੁੱਖ-ਕਲੇਸ਼ ਨਾਸ ਹੋ ਜਾਂਦਾ ਹੈ,
52433	1217	ਮਿਤ੍ਰ ਸਤ੍ਰ ਪੇਖਿ ਸਮਤੁ ਬੀਚਾਰਿਓ ਸਗਲ ਸੰਭਾਖਨ ਜਾਪੁ॥੧॥	ਸਮਤ: ਪੋਲਾ ਬੋਲੋ ਮਿਲਵਾਂ	Mithr Sathr Paekh Samath Beechaariou Sagal Sanbhaakhan Jaap ||1||	I look upon friend and enemy alike; all that I speak is the Lord's meditation. ||1||	ਉਹ ਆਪਣੇ ਮਿੱਤਰਾਂ ਤੇ ਵੈਰੀਆਂ ਨੂੰ ਵੇਖ ਕੇ (ਸਭਨਾਂ ਵਿਚ ਪ੍ਰਭੂ ਦੀ ਹੀ ਜੋਤਿ) ਇਕ-ਸਮਾਨ ਸਮਝਦਾ ਹੈ, ਪਰਮਾਤਮਾ ਦੇ ਨਾਮ ਦਾ ਸਿਮਰਨ ਹੀ ਉਸ ਦਾ ਹਰ ਵੇਲੇ ਦਾ ਬੋਲ-ਚਾਲ ਹੈ ॥੧॥
52434	1217	ਤਪਤਿ ਬੁਝੀ ਸੀਤਲ ਆਘਾਨੇ ਸੁਨਿ ਅਨਹਦ ਬਿਸਮ ਭਏ ਬਿਸਮਾਦ॥	ਬੁਝੀ: ਪੋਲਾ ਬੋਲੋ	Thapath Bujhee Seethal Aaghaanae Sun Anehadh Bisam Bheae Bisamaadh ||	The fire within me is quenched; I am cool, calm and tranquil. Hearing the unstruck celestial melody, I am wonder-struck and amazed.	(ਉਹਨਾਂ ਦੇ ਅੰਦਰ ਦੀ) ਸੜਨ ਬੁੱਝ ਜਾਂਦੀ ਹੈ, (ਉਹਨਾਂ ਦਾ ਹਿਰਦਾ) ਸ਼ਾਂਤ ਹੋ ਜਾਂਦਾ ਹੈ, ਉਹ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦੇ ਹਨ; ਇਕ-ਰਸ ਨਾਮ ਦੀ ਧੁਨਿ ਸੁਣ ਕੇ ਉਹ ਅਸਚਰਜ ਹੀ ਅਸਚਰਜ ਹੋਏ ਰਹਿੰਦੇ ਹਨ,

52435	1217	ਅਨਦੁ ਭਇਆ ਨਾਨਕ ਮਨਿ ਸਾਚਾ ਪੂਰਨ ਪੂਰੇ ਨਾਦ॥੨॥੪੬॥੬੯॥		Anadh Bhaeiaa Naanak Man Saachaa Pooran Poorae Naadh ||2||46||69||	I am in ecstasy, O Nanak, and my mind is filled with Truth, through the perfect perfection of the Sound-current of the Naad. ||2||46||69||	ਹੇ ਨਾਨਕ! (ਜਿਨ੍ਹਾਂ ਮਨੁੱਖਾਂ ਦੇ) ਮਨ ਵਿਚ ਸਦਾ-ਥਿਰ ਪ੍ਰਭੂ ਆ ਵੱਸਦਾ ਹੈ। ਉਹਨਾਂ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ (ਜਿਵੇਂ ਕਿ ਉਹਨਾਂ ਦੇ ਅੰਦਰ) ਪੂਰੇ ਤੌਰ ਤੇ ਸੰਖ ਆਦਿਕ ਨਾਦ ਵੱਜ ਰਹੇ ਹਨ ॥੨॥੪੬॥੬੯॥
52436	1218	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52437	1218	ਮੇਰੈ ਗੁਰਿ ਮੋਰੋ ਸਹਸਾ ਉਤਾਰਿਆ॥		Maerai Gur Moro Sehasaa Outhaariaa ||	My Guru has rid me of my cynicism.	ਮੇਰੇ ਗੁਰੂ ਨੇ (ਮੇਰੇ ਅੰਦਰੋਂ ਹਰ ਵੇਲੇ ਦਾ) ਸਹਿਮ ਦੂਰ ਕਰ ਦਿੱਤਾ ਹੈ।
52438	1218	ਤਿਸੁ ਗੁਰ ਕੈ ਜਾਈਐ ਬਲਿਹਾਰੀ ਸਦਾ ਸਦਾ ਹਉ ਵਾਰਿਆ॥੧॥ਰਹਾਉ ॥		This Gur Kai Jaaeeai Balihaaree Sadhaa Sadhaa Ho Vaariaa ||1|| Rehaao ||	I am a sacrifice to that Guru; I am devoted to Him, forever and ever. ||1||Pause||	ਉਸ ਗੁਰੂ ਤੋਂ ਸਦਕੇ ਜਾਣਾ ਚਾਹੀਦਾ ਹੈ। ਮੈਂ (ਉਸ ਗੁਰੂ ਤੋਂ) ਸਦਾ ਹੀ ਸਦਾ ਹੀ ਕੁਰਬਾਨ ਜਾਂਦਾ ਹਾਂ ॥੧॥ ਰਹਾਉ ॥

52439	1218	ਗੁਰ ਕਾ ਨਾਮੁ ਜਪਿਓ ਦਿਨੁ ਰਾਤੀ ਗੁਰ ਕੇ ਚਰਨ ਮਨਿ ਧਾਰਿਆ॥		Gur Kaa Naam Japiou Dhin Raathee Gur Kae Charan Man Dhhaariaa ||	I chant the Guru's Name day and night; I enshrine the Guru's Feet within my mind.	ਮੈਂ ਦਿਨ ਰਾਤ (ਆਪਣੇ) ਗੁਰੂ ਦਾ ਨਾਮ ਚੇਤੇ ਰੱਖਦਾ ਹਾਂ, ਮੈਂ ਆਪਣੇ ਮਨ ਵਿਚ ਗੁਰੂ ਦੇ ਚਰਨ ਟਿਕਾਈ ਰੱਖਦਾ ਹਾਂ (ਭਾਵ, ਅਦਬ-ਸਤਕਾਰ ਨਾਲ ਗੁਰੂ ਦੀ ਯਾਦ ਹਿਰਦੇ ਵਿਚ ਵਸਾਈ ਰੱਖਦਾ ਹਾਂ)।
52440	1218	ਗੁਰ ਕੀ ਧੂਰਿ ਕਰਉ ਨਿਤ ਮਜਨੁ ਕਿਲਵਿਖ ਮੈਲੁ ਉਤਾਰਿਆ॥੧॥		Gur Kee Dhhoor Karo Nith Majan Kilavikh Mail Outhaariaa ||1||	I bathe continually in the dust of the Guru's Feet, washing off my dirty sins. ||1||	ਮੈਂ ਸਦਾ ਗੁਰੂ ਦੇ ਚਰਨਾਂ ਦੀ ਧੂੜ ਵਿਚ ਇਸ਼ਨਾਨ ਕਰਦਾ ਰਹਿੰਦਾ ਹਾਂ, (ਇਸ ਇਸ਼ਨਾਨ ਨੇ ਮੇਰੇ ਮਨ ਤੋਂ) ਪਾਪਾਂ ਦੀ ਮੈਲ ਲਾਹ ਦਿੱਤੀ ਹੈ ॥੧॥
52441	1218	ਗੁਰ ਪੂਰੇ ਕੀ ਕਰਉ ਨਿਤ ਸੇਵਾ ਗੁਰੁ ਅਪਨਾ ਨਮਸਕਾਰਿਆ॥		Gur Poorae Kee Karo Nith Saevaa Gur Apanaa Namasakaariaa ||	I continually serve the Perfect Guru; I humbly bow to my Guru.	ਮੈਂ ਸਦਾ ਪੂਰੇ ਗੁਰੂ ਦੀ (ਦੱਸੀ) ਸੇਵਾ ਕਰਦਾ ਹਾਂ, ਗੁਰੂ ਅੱਗੇ ਸਿਰ ਨਿਵਾਈ ਰੱਖਦਾ ਹਾਂ।
52442	1218	ਸਰਬ ਫਲਾ ਦੀਨ੍ਹੇ ਗੁਰਿ ਪੂਰੈ ਨਾਨਕ ਗੁਰਿ ਨਿਸਤਾਰਿਆ॥੨॥੪੭॥੭੦॥		Sarab Falaa Dheenhae Gur Poorai Naanak Gur Nisathaariaa ||2||47||70||	The Perfect Guru has blessed me with all fruitful rewards; O Nanak, the Guru has emancipated me. ||2||47||70||	ਹੇ ਨਾਨਕ! ਪੂਰੇ ਗੁਰੂ ਨੇ ਮੈਨੂੰ (ਦੁਨੀਆ ਦੇ) ਸਾਰੇ (ਮੂੰਹ-ਮੰਗੇ) ਫਲ ਦਿੱਤੇ ਹਨ, ਗੁਰੂ ਨੇ (ਮੈਨੂੰ ਜਗਤ ਦੇ ਵਿਕਾਰਾਂ ਤੋਂ) ਪਾਰ ਲੰਘਾ ਲਿਆ ਹੈ ॥੨॥੪੭॥੭੦॥

52443	1218	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52444	1218	ਸਿਮਰਤ ਨਾਮੁ ਪ੍ਰਾਨ ਗਤਿ ਪਾਵੈ॥		Simarath Naam Praan Gath Paavai ||	Meditating in remembrance on the Naam, the Name of the Lord, the mortal attains salvation.	ਪਰਮਾਤਮਾ ਦਾ ਨਾਮ ਸਿਮਰਦਿਆਂ ਮਨੁੱਖ ਜੀਵਨ ਦੀ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ।
52445	1218	ਮਿਟਹਿ ਕਲੇਸ ਤ੍ਰਾਸ ਸਭ ਨਾਸੈ ਸਾਧਸੰਗਿ ਹਿਤੁ ਲਾਵੈ॥੧॥ਰਹਾਉ॥		Mittehi Kalaes Thraas Sabh Naasai Saadhhasang Hith Laavai ||1|| Rehaao ||	His sorrows are dispelled, and his fears are all erased; he is in love with the Saadh Sangat, the Company of the Holy. ||1||Pause||	ਜਿਹੜਾ ਮਨੁੱਖ ਸਾਧ ਸੰਗਤ ਵਿਚ ਪਿਆਰ ਪਾਂਦਾ ਹੈ, ਉਸ ਦੇ ਸਾਰੇ ਕਲੇਸ਼ ਮਿਟ ਜਾਂਦੇ ਹਨ, ਉਸ ਦਾ ਹਰੇਕ ਡਰ ਦੂਰ ਹੋ ਜਾਂਦਾ ਹੈ ॥੧॥ ਰਹਾਉ ॥
52446	1218	ਹਰਿ ਹਰਿ ਹਰਿ ਹਰਿ ਮਨਿ ਆਰਾਧੇ ਰਸਨਾ ਹਰਿ ਜਸੁ ਗਾਵੈ॥		Har Har Har Har Man Aaraadhhae Rasanaa Har Jas Gaavai ||	His mind worships and adores the Lord, Har, Har, Har, Har; his tongue sings the Praises of the Lord.	(ਜਿਹੜਾ ਮਨੁੱਖ) ਸਦਾ (ਆਪਣੇ) ਮਨ ਵਿਚ ਪਰਮਾਤਮਾ ਦਾ ਆਰਾਧਨ ਕਰਦਾ ਰਹਿੰਦਾ ਹੈ, ਜਿਹੜਾ ਆਪਣੀ ਜੀਭ ਨਾਲ ਪ੍ਰਭੂ ਦੀ ਸਿਫ਼ਤ-ਸਾਲਾਹ ਗਾਂਦਾ ਰਹਿੰਦਾ ਹੈ,
52447	1218	ਤਜਿ ਅਭਿਮਾਨੁ ਕਾਮ ਕ੍ਰੋਧੁ ਨਿੰਦਾ ਬਾਸੁਦੇਵ ਰੰਗੁ ਲਾਵੈ॥੧॥		Thaj Abhimaan Kaam Krodhh Nindhaa Baasudhaev Rang Laavai ||1||	Abandoning egotistical pride, sexual desire, anger and slander, he embraces love for the Lord. ||1||	ਉਹ ਮਨੁੱਖ (ਆਪਣੇ ਅੰਦਰੋਂ) ਕਾਮ ਕ੍ਰੋਧ ਅਹੰਕਾਰ ਨਿੰਦਾ (ਆਦਿਕ ਵਿਕਾਰ) ਦੂਰ ਕਰ ਕੇ (ਆਪਣੇ ਅੰਦਰ) ਪਰਮਾਤਮਾ ਦਾ ਪ੍ਰੇਮ ਪੈਦਾ ਕਰ ਲੈਂਦਾ ਹੈ ॥੧॥

52448	1218	ਦਾਮੋਦਰ ਦਇਆਲ ਆਰਾਧਹੁ ਗੋਬਿੰਦ ਕਰਤ ਸੁੋਹਾਵੈ॥		Dhaamodhar Dhaeiaal Aaraadhhahu Gobindh Karath Suohaavai ||	Worship and adore the Merciful Lord God; chanting the Name of the Lord of the Universe, you shall be embellished and exalted.	ਦਇਆ ਦੇ ਸੋਮੇ ਪਰਮਾਤਮਾ ਦਾ ਨਾਮ ਸਿਮਰਦੇ ਰਿਹਾ ਕਰੋ। ਗੋਬਿੰਦ (ਦਾ ਨਾਮ) ਸਿਮਰਦਿਆਂ ਹੀ ਜੀਵਨ ਸੋਹਣਾ ਬਣਦਾ ਹੈ।
52449	1218	ਕਹੁ ਨਾਨਕ ਸਭ ਕੀ ਹੋਇ ਰੇਨਾ ਹਰਿ ਹਰਿ ਦਰਸਿ ਸਮਾਵੈ॥੨॥੪੮॥੭੧॥		Kahu Naanak Sabh Kee Hoe Raenaa Har Har Dharas Samaavai ||2||48||71||	Says Nanak, whoever becomes the dust of all, merges in the Blesed Vision of the Lord, Har, Har. ||2||48||71||	ਨਾਨਕ ਆਖਦਾ ਹੈ- ਸਭਨਾਂ ਦੀ ਚਰਨ-ਧੂੜ ਹੋ ਕੇ ਮਨੁੱਖ ਪਰਮਾਤਮਾ ਦੇ ਦਰਸਨ ਵਿਚ ਲੀਨ ਹੋਇਆ ਰਹਿੰਦਾ ਹੈ ॥੨॥੪੮॥੭੧॥
52450	1218	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52451	1218	ਅਪੁਨੇ ਗੁਰ ਪੂਰੇ ਬਲਿਹਾਰੈ॥		Apunae Gur Poorae Balihaarai ||	I am a sacrifice to my Perfect Guru.	ਮੈਂ ਆਪਣੇ ਪੂਰੇ ਗੁਰੂ ਤੋਂ ਕੁਰਬਾਨ ਜਾਂਦਾ ਹੈ।
52452	1218	ਪ੍ਰਗਟ ਪ੍ਰਤਾਪੁ ਕੀਓ ਨਾਮ ਕੋ ਰਾਖੇ ਰਾਖਨਹਾਰੈ॥੧॥ਰਹਾਉ॥		Pragatt Prathaap Keeou Naam Ko Raakhae Raakhanehaarai ||1|| Rehaao ||	My Savior Lord has saved me; He has revealed the Glory of His Name. ||1||Pause||	(ਗੁਰੂ ਪਰਮਾਤਮਾ ਦੇ) ਨਾਮ ਦਾ ਪਰਤਾਪ (ਜਗਤ ਵਿਚ) ਪ੍ਰਸਿੱਧ ਕਰਦਾ ਹੈ। ਰੱਖਿਆ ਕਰਨ ਦੀ ਸਮਰਥਾ ਵਾਲਾ ਪ੍ਰਭੂ (ਨਾਮ ਜਪਣ ਵਾਲਿਆਂ ਨੂੰ ਅਨੇਕਾਂ ਦੁੱਖਾਂ ਤੋਂ) ਬਚਾਂਦਾ ਹੈ ॥੧॥ ਰਹਾਉ ॥

52453	1218	ਨਿਰਭਉ ਕੀਏ ਸੇਵਕ ਦਾਸ ਅਪਨੇ ਸਗਲੇ ਦੂਖ ਬਿਦਾਰੈ॥		Nirabho Keeeae Saevak Dhaas Apanae Sagalae Dhookh Bidhaarai ||	He makes His servants and slaves fearless, and takes away all their pain.	(ਗੁਰੂ ਦੀ ਕਿਰਪਾ ਨਾਲ ਹੀ) ਪ੍ਰਭੂ ਆਪਣੇ ਸੇਵਕਾਂ ਦਾਸਾਂ ਨੂੰ (ਦੁੱਖਾਂ ਵਿਕਾਰਾਂ ਦੇ ਟਾਕਰੇ ਤੇ) ਦਲੇਰ ਕਰ ਦੇਂਦਾ ਹੈ, (ਸੇਵਕਾਂ ਦੇ) ਸਾਰੇ ਦੁੱਖ ਨਾਸ ਕਰਦਾ ਹੈ।
52454	1218	ਆਨ ਉਪਾਵ ਤਿਆਗਿ ਜਨ ਸਗਲੇ ਚਰਨਕਮਲ ਰਿਦ ਧਾਰੈ॥੧॥		Aan Oupaav Thiaag Jan Sagalae Charan Kamal Ridh Dhaarai ||1||	So renounce all other efforts, and enshrine the Lord's Lotus Feet within your mind. ||1||	(ਪ੍ਰਭੂ ਦਾ) ਸੇਵਕ (ਭੀ) ਹੋਰ ਸਾਰੇ ਹੀਲੇ ਛੱਡ ਕੇ ਪਰਮਾਤਮਾ ਦੇ ਸੋਹਣੇ ਚਰਨ (ਆਪਣੇ) ਹਿਰਦੇ ਵਿਚ ਵਸਾਈ ਰੱਖਦਾ ਹੈ ॥੧॥
52455	1218	ਪ੍ਰਾਨ ਅਧਾਰ ਮੀਤ ਸਾਜਨ ਪ੍ਰਭ ਏਕੈ ਏਕੰਕਾਰੈ॥		Praan Adhhaar Meeth Saajan Prabh Eaekai Eaekankaarai ||	God is the Support of the breath of life, my Best Friend and Companion, the One and Only Creator of the Universe.	(ਜਿਹੜੇ ਮਨੁੱਖ ਗੁਰੂ ਦੀ ਮਿਹਰ ਨਾਲ ਨਾਮ ਜਪਦੇ ਹਨ, ਉਹਨਾਂ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ) ਸਿਰਫ਼ ਪਰਮਾਤਮਾ ਹੀ ਸਿਰਫ਼ ਪ੍ਰਭੂ ਹੀ ਪ੍ਰਾਣਾਂ ਦਾ ਆਸਰਾ ਹੈ ਤੇ ਸੱਜਣ ਮਿੱਤਰ ਹੈ।
52456	1218	ਸਭ ਤੇ ਊਚ ਠਾਕੁਰੁ ਨਾਨਕ ਕਾ ਬਾਰ ਬਾਰ ਨਮਸਕਾਰੈ॥੨॥੪੯॥੭੨॥		Sabh Thae Ooch Thaakur Naanak Kaa Baar Baar Namasakaarai ||2||49||72||	Nanak's Lord and Master is the Highest of all; again and again, I humbly bow to Him. ||2||49||72||	(ਦਾਸ) ਨਾਨਕ ਦਾ (ਤਾਂ ਪਰਮਾਤਮਾ ਹੀ) ਸਭ ਤੋਂ ਉੱਚਾ ਮਾਲਕ ਹੈ। (ਨਾਨਕ) ਸਦਾ ਮੁੜ ਮੁੜ (ਪਰਮਾਤਮਾ ਨੂੰ ਹੀ) ਸਿਰ ਨਿਵਾਂਦਾ ਹੈ ॥੨॥੪੯॥੭੨॥

52457	1218	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52458	1218	ਬਿਨੁ ਹਰਿ ਹੈ ਕੋ ਕਹਾ ਬਤਾਵਹੁ॥	ਕਹਾਂ	Bin Har Hai Ko Kehaa Bathaavahu ||	Tell me: other than the Lord, who exists?	ਦੱਸੋ, ਪਰਮਾਤਮਾ ਤੋਂ ਬਿਨਾ ਹੋਰ ਕੌਣ (ਸਹਾਈ) ਹੈ ਤੇ ਕਿੱਥੇ ਹੈ?
52459	1218	ਸੁਖ ਸਮੂਹ ਕਰੁਣਾਮੈ ਕਰਤਾ ਤਿਸੁ ਪ੍ਰਭ ਸਦਾ ਧਿਆਵਹੁ॥੧॥ਰਹਾਉ॥	ਕਰੁਣਾ-ਮੈ	Sukh Samooh Karunaa Mai Karathaa This Prabh Sadhaa Dhhiaavahu ||1|| Rehaao ||	The Creator, the Embodiment of Mercy, bestows all comforts; meditate forever on that God. ||1||Pause||	ਉਹ ਸਿਰਜਣਹਾਰ ਸਾਰੇ ਸੁਖਾਂ ਦਾ ਸੋਮਾ ਹੈ, ਉਹ ਪ੍ਰਭੂ ਤਰਸ-ਸਰੂਪ ਹੈ। ਸਦਾ ਉਸ ਦਾ ਸਿਮਰਨ ਕਰਦੇ ਰਹੋ ॥੧॥ ਰਹਾਉ ॥
52460	1218	ਜਾ ਕੈ ਸੂਤਿ ਪਰੋਏ ਜੰਤਾ ਤਿਸੁ ਪ੍ਰਭ ਕਾ ਜਸੁ ਗਾਵਹੁ॥		Jaa Kai Sooth Paroeae Janthaa This Prabh Kaa Jas Gaavahu ||	All creatures are strung on His Thread; sing the Praises of that God.	ਜਿਸ ਪਰਮਾਤਮਾ ਦੇ (ਹੁਕਮ-ਰੂਪ) ਧਾਗੇ ਵਿਚ ਸਾਰੇ ਜੀਵ ਪ੍ਰੋਤੇ ਹੋਏ ਹਨ, ਉਸ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦੇ ਰਿਹਾ ਕਰੋ।
52461	1218	ਸਿਮਰਿ ਠਾਕੁਰੁ ਜਿਨਿ ਸਭੁ ਕਿਛੁ ਦੀਨਾ ਆਨ ਕਹਾ ਪਹਿ ਜਾਵਹੁ॥੧॥		Simar Thaakur Jin Sabh Kishh Dheenaa Aan Kehaa Pehi Jaavahu ||1||	Meditate in remembrance on that Lord and Master who gives you everything. Why would you go to anyone else? ||1||	ਜਿਸ (ਮਾਲਕ-ਪ੍ਰਭੂ) ਨੇ ਹਰੇਕ ਚੀਜ਼ ਦਿੱਤੀ ਹੋਈ ਹੈ ਉਸ ਦਾ ਸਿਮਰਨ ਕਰਿਆ ਕਰੋ। (ਉਸ ਦਾ ਆਸਰਾ ਛੱਡ ਕੇ) ਹੋਰ ਕਿੱਥੇ ਕਿਸੇ ਪਾਸ ਜਾਂਦੇ ਹੋ? ॥੧॥

52462	1218	ਸਫਲ ਸੇਵਾ ਸੁਆਮੀ ਮੇਰੇ ਕੀ ਮਨ ਬਾਂਛਤ ਫਲ ਪਾਵਹੁ॥		Safal Saevaa Suaamee Maerae Kee Man Baanshhath Fal Paavahu ||	Service to my Lord and Master is fruitful and rewarding; from Him, you shall obtain the fruits of your mind's desires.	ਮੇਰੇ ਮਾਲਕ-ਪ੍ਰਭੂ ਦੀ ਹੀ ਭਗਤੀ ਸਾਰੇ ਫਲ ਦੇਣ ਵਾਲੀ ਹੈ (ਉਸੇ ਦੇ ਦਰ ਤੋਂ ਹੀ) ਮਨ-ਮੰਗੇ ਫਲ ਪ੍ਰਾਪਤ ਕਰ ਸਕਦੇ ਹੋ।
52463	1218	ਕਹੁ ਨਾਨਕ ਲਾਭੁ ਲਾਹਾ ਲੈ ਚਾਲਹੁ ਸੁਖ ਸੇਤੀ ਘਰਿ ਜਾਵਹੁ॥੨॥੫੦॥੭੩॥		Kahu Naanak Laabh Laahaa Lai Chaalahu Sukh Saethee Ghar Jaavahu ||2||50||73||	Says Nanak, take your profits and leave; you shall go to your true home in peace. ||2||50||73||	ਨਾਨਕ ਆਖਦਾ ਹੈ- (ਜਗਤ ਤੋਂ ਪਰਮਾਤਮਾ ਦੀ ਭਗਤੀ ਦਾ) ਲਾਭ ਖੱਟ ਕੇ ਤੁਰੋ, ਬੜੇ ਆਨੰਦ ਨਾਲ ਪ੍ਰਭੂ ਦੇ ਚਰਨਾਂ ਵਿਚ ਪਹੁੰਚੋਗੇ ॥੨॥੫੦॥੭੩॥
52464	1218	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52465	1218	ਠਾਕੁਰ ਤੁਮ੍ਹ ਸਰਣਾਈ ਆਇਆ॥		Thaakur Thumh Saranaaee Aaeiaa ||	O my Lord and Master, I have come to Your Sanctuary.	ਹੇ (ਮੇਰੇ) ਮਾਲਕ-ਪ੍ਰਭੂ! (ਮੈਂ) ਤੇਰੀ ਸਰਨ ਆਇਆ ਹਾਂ।
52466	1218	ਉਤਰਿ ਗਇਓ ਮੇਰੇ ਮਨ ਕਾ ਸੰਸਾ ਜਬ ਤੇ ਦਰਸਨੁ ਪਾਇਆ॥੧॥ਰਹਾਉ ॥		Outhar Gaeiou Maerae Man Kaa Sansaa Jab Thae Dharasan Paaeiaa ||1|| Rehaao ||	The anxiety of my mind departed, when I gazed upon the Blessed Vision of Your Darshan. ||1||Pause||	ਜਦੋਂ ਤੋਂ ਮੈਂ ਤੇਰਾ ਦਰਸਨ ਕੀਤਾ ਹੈ (ਤਦੋਂ ਤੋਂ ਹੀ) ਮੇਰੇ ਮਨ ਤੋਂ (ਹਰੇਕ) ਸਹਿਮ ਲਹਿ ਗਿਆ ਹੈ ॥੧॥ ਰਹਾਉ ॥

52467	1218	ਅਨਬੋਲਤ ਮੇਰੀ ਬਿਰਥਾ ਜਾਨੀ ਅਪਨਾ ਨਾਮੁ ਜਪਾਇਆ॥		Anabolath Maeree Birathhaa Jaanee Apanaa Naam Japaaeiaa ||	You know my condition, without my speaking. You inspire me to chant Your Name.	ਹੇ (ਮੇਰੇ) ਮਾਲਕ-ਪ੍ਰਭੂ! ਤੂੰ (ਸਦਾ ਹੀ ਮੇਰੇ) ਬਿਨਾ ਬੋਲਣ ਦੇ ਮੇਰਾ ਦੁੱਖ ਸਮਝ ਲਿਆ ਹੈ, ਤੂੰ ਆਪ ਹੀ ਮੈਥੋਂ ਆਪਣਾ ਨਾਮ ਜਪਾਇਆ ਹੈ।
52468	1218	ਦੁਖ ਨਾਠੇ ਸੁਖ ਸਹਜਿ ਸਮਾਏ ਅਨਦ ਅਨਦ ਗੁਣ ਗਾਇਆ॥੧॥		Dhukh Naathae Sukh Sehaj Samaaeae Anadh Anadh Gun Gaaeiaa ||1||	My pains are gone, and I am absorbed in peace, poise and bliss, singing Your Glorious Praises. ||1||	ਜਦੋਂ ਤੋਂ ਬੜੇ ਆਨੰਦ ਨਾਲ ਮੈਂ ਤੇਰੇ ਗੁਣ ਗਾਂਦਾ ਹਾਂ, ਮੇਰੇ (ਸਾਰੇ) ਦੁੱਖ ਦੂਰ ਹੋ ਗਏ ਹਨ, ਸੁਖਾਂ ਵਿਚ ਆਤਮਕ ਅਡੋਲਤਾ ਵਿਚ ਮੈਂ ਮਗਨ ਰਹਿੰਦਾ ਹਾਂ ॥੧॥
52469	1218	ਬਾਹ ਪਕਰਿ ਕਢਿ ਲੀਨੇ ਅਪੁਨੇ ਗ੍ਰਿਹ ਅੰਧ ਕੂਪ ਤੇ ਮਾਇਆ॥	ਬਾਂਹ, ਗ੍ਰਿਹ	Baah Pakar Kadt Leenae Apunae Grih Andhh Koop Thae Maaeiaa ||	Taking me by the arm, You lifted me up, out of the deep dark pit of household and Maya.	(ਪਰਮਾਤਮਾ) ਆਪਣੇ (ਸੇਵਕਾਂ) ਦੀ ਬਾਂਹ ਫੜ ਕੇ ਉਹਨਾਂ ਨੂੰ ਮਾਇਆ ਦੇ (ਮੋਹ ਦੇ) ਅੰਨ੍ਹੇ ਖੂਹ ਵਿਚੋਂ ਅੰਨ੍ਹੇ ਘਰ ਵਿਚੋਂ ਕੱਢ ਲੈਂਦਾ ਹੈ।
52470	1218	ਕਹੁ ਨਾਨਕ ਗੁਰਿ ਬੰਧਨ ਕਾਟੇ ਬਿਛੁਰਤ ਆਨਿ ਮਿਲਾਇਆ॥੨॥੫੧॥੭੪॥		Kahu Naanak Gur Bandhhan Kaattae Bishhurath Aan Milaaeiaa ||2||51||74||	Says Nanak, the Guru has broken my bonds, and ended my separaation; He has united me with God. ||2||51||74||	ਨਾਨਕ ਆਖਦਾ ਹੈ- ਗੁਰੂ ਨੇ (ਜਿਸ ਮਨੁੱਖ ਦੀਆਂ ਮਾਇਆ ਦੇ ਮੋਹ ਦੀਆਂ) ਫਾਹੀਆਂ ਕੱਟ ਦਿੱਤੀਆਂ, (ਪ੍ਰਭੂ-ਚਰਨਾਂ ਤੋਂ) ਵਿਛੁੜਦੇ ਉਸ ਨੂੰ ਲਿਆ ਕੇ (ਪ੍ਰਭੂ ਦੇ ਚਰਨਾਂ ਵਿਚ) ਮੇਲ ਦਿੱਤਾ ॥੨॥੫੧॥੭੪॥
52471	1219	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52472	1219	ਹਰਿ ਕੇ ਨਾਮ ਕੀ ਗਤਿ ਠਾਂਢੀ॥		Har Kae Naam Kee Gath Thaandtee ||	The Name of the Lord is cooling and soothing.	ਪਰਮਾਤਮਾ ਦਾ ਨਾਮ ਸ਼ਾਂਤੀ ਦੇਣ ਵਾਲਾ ਪ੍ਰਭਾਵ ਹੈ-
52473	1219	ਬੇਦ ਪੁਰਾਨ ਸਿਮ੍ਰਿਤਿ ਸਾਧੂ ਜਨ ਖੋਜਤ ਖੋਜਤ ਕਾਢੀ ॥੧॥ਰਹਾਉ॥	ਸਿਮ੍ਰਿਤਿ	Baedh Puraan Simrith Saadhhoo Jan Khojath Khojath Kaadtee ||1|| Rehaao ||	Searching, searching the Vedas, the Puraanas and the Simritees, the Holy Saints have realized this. ||1||Pause||	ਇਹੀ ਗੱਲ ਵੇਦਾਂ ਪੁਰਾਣਾਂ ਸਿਮ੍ਰਿਤੀਆਂ ਅਤੇ ਸਾਧੂ ਜਨਾਂ ਨੇ ਖੋਜ ਖੋਜ ਕੇ ਦੱਸੀ ਹੈ ॥੧॥ ਰਹਾਉ ॥
52474	1219	ਸਿਵ ਬਿਰੰਚ ਅਰੁ ਇੰਦ੍ਰ ਲੋਕ ਤਾ ਮਹਿ ਜਲਤੋ ਫਿਰਿਆ॥		Siv Biranch Ar Eindhr Lok Thaa Mehi Jalatha Firiaa ||	In the worlds of Shiva, Brahma and Indra, I wandered around, burning up with envy.	ਸ਼ਿਵ-ਲੋਕ, ਬ੍ਰਹਮ-ਲੋਕ, ਇੰਦ੍ਰ-ਲੋਕ-ਇਹਨਾਂ (ਲੋਕਾਂ) ਵਿਚ ਪਹੁੰਚਿਆ ਹੋਇਆ ਭੀ ਤ੍ਰਿਸ਼ਨਾ ਦੀ ਅੱਗ ਵਿਚ ਸੜਦਾ ਹੀ ਫਿਰਦਾ ਹੈ।
52475	1219	ਸਿਮਰਿ ਸਿਮਰਿ ਸੁਆਮੀ ਭਏ ਸੀਤਲ ਦੂਖੁ ਦਰਦੁ ਭ੍ਰਮੁ ਹਿਰਿਆ॥੧॥		Simar Simar Suaamee Bheae Seethal Dhookh Dharadh Bhram Hiriaa ||1||	Meditating, meditating in remembrance on my Lord and Master, I became cool and calm; my pains, sorrows and doubts are gone. ||1||	ਸੁਆਮੀ-ਪ੍ਰਭੂ ਦਾ ਨਾਮ ਸਿਮਰ ਸਿਮਰ ਕੇ ਜੀਵ ਸ਼ਾਂਤ-ਮਨ ਹੋ ਜਾਂਦੇ ਹਨ। (ਸਿਮਰਨ ਦੀ ਬਰਕਤਿ ਨਾਲ) ਸਾਰਾ ਦੁੱਖ ਦਰਦ ਅਤੇ ਭਟਕਣਾ ਦੂਰ ਹੋ ਜਾਂਦਾ ਹੈ ॥੧॥

52476	1219	ਜੋ ਜੋ ਤਰਿਓ ਪੁਰਾਤਨੁ ਨਵਤਨੁ ਭਗਤਿ ਭਾਇ ਹਰਿ ਦੇਵਾ॥		Jo Jo Thariou Puraathan Navathan Bhagath Bhaae Har Dhaevaa ||	Whoever has been saved in the past or the present, was saved through loving devotional worship of the Divine Lord.	ਪੁਰਾਣੇ ਸਮੇ ਦਾ ਚਾਹੇ ਨਵੇਂ ਸਮੇ ਦਾ ਜਿਹੜਾ ਜਿਹੜਾ ਭੀ (ਭਗਤ) ਸੰਸਾਰ-ਸਮੁੰਦਰ ਤੋਂ ਪਾਰ ਲੰਘਿਆ ਹੈ, ਉਹ ਪ੍ਰਭੂ-ਦੇਵ ਦੀ ਭਗਤੀ ਦੀ ਬਰਕਤਿ ਨਾਲ ਪ੍ਰੇਮ ਦੀ ਬਰਕਤਿ ਨਾਲ ਹੀ ਲੰਘਿਆ ਹੈ।
52477	1219	ਨਾਨਕ ਕੀ ਬੇਨੰਤੀ ਪ੍ਰਭ ਜੀਉ ਮਿਲੈ ਸੰਤ ਜਨ ਸੇਵਾ॥੨॥੫੨॥੭੫॥		Naanak Kee Baenanthee Prabh Jeeo Milai Santh Jan Saevaa ||2||52||75||	This is Nanak's prayer: O Dear God, please let me serve the humble Saints. ||2||52||75||	ਹੇ ਪ੍ਰਭੂ ਜੀ! (ਤੇਰੇ ਦਾਸ) ਨਾਨਕ ਦੀ (ਤੇਰੇ ਦਰ ਤੇ ਇਹੀ) ਬੇਨਤੀ ਹੈ ਕਿ (ਮੈਨੂੰ ਤੇਰੇ) ਸੰਤ ਜਨਾਂ ਦੀ (ਸਰਨ ਵਿਚ ਰਹਿ ਕੇ) ਸੇਵਾ ਕਰਨ ਦਾ ਮੌਕਾ ਮਿਲ ਜਾਏ ॥੨॥੫੨॥੭੫॥
52478	1219	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl;	
52479	1219	ਜਿਹਵੇ ਅੰਮ੍ਰਿਤ ਗੁਣ ਹਰਿ ਗਾਉ॥		Jihavae Anmrith Gun Har Gaao ||	O my tongue, sing the Ambrosial Praises of the Lord.	ਹੇ (ਮੇਰੀ) ਜੀਭ! ਪਰਮਾਤਮਾ ਦੇ ਆਤਮਕ ਜੀਵਨ ਦੇਣ ਵਾਲੇ ਗੁਣ ਗਾਇਆ ਕਰ।
52480	1219	ਹਰਿ ਹਰਿ ਬੋਲਿ ਕਥਾ ਸੁਨਿ ਹਰਿ ਕੀ ਉਚਰਹੁ ਪ੍ਰਭ ਕੋ ਨਾਉ॥੧॥ਰਹਾਉ॥	ਉੱਚਰਹੁ	Har Har Bol Kathhaa Sun Har Kee Oucharahu Prabh Ko Naao ||1|| Rehaao ||	Chant the Name of the Lord, Har, Har, listen to the Lord's Sermon, and chant God's Name. ||1||Pause||	ਪਰਮਾਤਮਾ ਦਾ ਨਾਮ ਉਚਾਰਿਆ ਕਰ, ਪ੍ਰਭੂ ਦੀ ਸਿਫ਼ਤ-ਸਾਲਾਹ ਸੁਣਿਆ ਕਰ, ਪ੍ਰਭੂ ਦਾ ਨਾਮ ਉਚਾਰਿਆ ਕਰ ॥੧॥ ਰਹਾਉ ॥

52481	1219	ਰਾਮ ਨਾਮੁ ਰਤਨ ਧਨੁ ਸੰਚਹੁ ਮਨਿ ਤਨਿ ਲਾਵਹੁ ਭਾਉ॥		Raam Naam Rathan Dhhan Sanchahu Man Than Laavahu Bhaao ||	So gather in the jewel, the wealth of the Lord's Name; love God with your mind and body.	ਪਰਮਾਤਮਾ ਦਾ ਨਾਮ ਹੀ ਕੀਮਤੀ ਧਨ ਹੈ, ਇਹ ਧਨ ਇਕੱਠਾ ਕਰਿਆ ਕਰ। ਆਪਣੇ ਮਨ ਵਿਚ ਆਪਣੇ ਹਿਰਦੇ ਵਿਚ ਪ੍ਰਭੂ ਦਾ ਪਿਆਰ ਬਣਾਇਆ ਕਰ।
52482	1219	ਆਨ ਬਿਭੂਤ ਮਿਥਿਆ ਕਰਿ ਮਾਨਹੁ ਸਾਚਾ ਇਹੈ ਸੁਆਉ॥੧॥		Aan Bibhooth Mithhiaa Kar Maanahu Saachaa Eihai Suaao ||1||	You must realize that all other wealth is false; this alone is the true purpose of life. ||1||	(ਨਾਮ ਤੋਂ ਬਿਨਾ) ਹੋਰ ਹੋਰ ਧਨ-ਪਦਾਰਥ ਨੂੰ ਨਾਸਵੰਤ ਸਮਝ। (ਪਰਮਾਤਮਾ ਦਾ ਨਾਮ ਹੀ) ਸਦਾ ਕਾਇਮ ਰਹਿਣ ਵਾਲਾ ਜੀਵਨ-ਮਨੋਰਥ ਹੈ ॥੧॥
52483	1219	ਜੀਅ ਪ੍ਰਾਨ ਮੁਕਤਿ ਕੋ ਦਾਤਾ ਏਕਸ ਸਿਉ ਲਿਵ ਲਾਉ॥		Jeea Praan Mukath Ko Dhaathaa Eaekas Sio Liv Laao ||	He is the Giver of the soul, the breath of life and liberation; lovingly tune in to the One and Only Lord.	ਸਿਰਫ਼ ਪਰਮਾਤਮਾ (ਦੇ ਨਾਮ) ਨਾਲ ਲਗਨ ਪੈਦਾ ਕਰ, ਪਰਮਾਤਮਾ ਹੀ ਜਿੰਦ ਦੇਣ ਵਾਲਾ ਹੈ, ਪ੍ਰਾਣ ਦੇਣ ਵਾਲਾ ਹੈ, ਮੁਕਤੀ (ਉੱਚੀ ਆਤਮਕ ਦਸ਼ਾ) ਦੇਣ ਵਾਲਾ ਹੈ।
52484	1219	ਕਹੁ ਨਾਨਕ ਤਾ ਕੀ ਸਰਣਾਈ ਦੇਤ ਸਗਲ ਅਪਿਆਉ॥੨॥੫੩॥੭੬॥		Kahu Naanak Thaa Kee Saranaaee Dhaeth Sagal Apiaao ||2||53||76||	Says Nanak, I have entered His Sanctuary; He gives sustenance to all. ||2||53||76||	ਨਾਨਕ ਆਖਦਾ ਹੈ- ਉਸ ਪਰਮਾਤਮਾ ਦੀ ਸਰਨ ਪਿਆ ਰਹੁ ਜੋ ਸਾਰੇ ਖਾਣ ਪੀਣ ਦੇ ਪਦਾਰਥ ਦੇਂਦਾ ਹੈ ॥੨॥੫੩॥੭੬॥
52485	1219	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52486	1219	ਹੋਤੀ ਨਹੀ ਕਵਨ ਕਛੁ ਕਰਣੀ॥		Hothee Nehee Kavan Kashh Karanee ||	I cannot do anything else.	ਮੈਥੋਂ ਕੋਈ ਸੁਚੱਜਾ ਕਰਤੱਬ ਨਹੀਂ ਹੋ ਸਕਿਆ।
52487	1219	ਇਹੈ ਓਟ ਪਾਈ ਮਿਲਿ ਸੰਤਹ ਗੋਪਾਲ ਏਕ ਕੀ ਸਰਣੀ॥੧॥ਰਹਾਉ॥		Eihai Outt Paaee Mil Santheh Gopaal Eaek Kee Saranee ||1|| Rehaao ||	I have taken this Support, meeting the Saints; I have entered the Sanctuary of the One Lord of the World. ||1||Pause||	ਸੰਤ ਜਨਾਂ ਨੂੰ ਮਿਲ ਕੇ ਸਿਰਫ਼ ਪਰਮਾਤਮਾ ਦੀ ਸਰਨ ਪਏ ਰਹਿਣਾ-ਸਿਰਫ਼ ਇਹੀ ਆਸਰਾ ਮੈਂ ਲੱਭਾ ਹੈ ॥੧॥ ਰਹਾਉ ॥
52488	1219	ਪੰਚ ਦੋਖ ਛਿਦ੍ਰ ਇਆ ਤਨ ਮਹਿ ਬਿਖੈ ਬਿਆਧਿ ਕੀ ਕਰਣੀ॥		Panch Dhokh Shhidhr Eiaa Than Mehi Bikhai Biaadhh Kee Karanee ||	The five wicked enemies are within this body; they lead the mortal to practice evil and corruption.	(ਕਾਮਾਦਿਕ) ਪੰਜੇ ਵਿਕਾਰ ਅਤੇ ਹੋਰ ਐਬ (ਜੀਵ ਦੇ) ਇਸ ਸਰੀਰ ਵਿਚ ਟਿਕੇ ਰਹਿੰਦੇ ਹਨ, ਵਿਸ਼ੇ-ਵਿਕਾਰਾਂ ਵਾਲੀ ਕਰਣੀ (ਜੀਵ ਦੀ) ਬਣੀ ਰਹਿੰਦੀ ਹੈ।
52489	1219	ਆਸ ਅਪਾਰ ਦਿਨਸ ਗਣਿ ਰਾਖੇ ਗ੍ਰਸਤ ਜਾਤ ਬਲੁ ਜਰਣੀ॥੧॥	(ਜਰਣੀ) ਬੁੱਢੀ ਅਵਸਥਾ। ਗ੍ਰਸਤ: ਗ ਮੁਕਤਾ ਬੋਲੋ	Aas Apaar Dhinas Gan Raakhae Grasath Jaath Bal Jaranee ||1||	He has infinite hope, but his days are numbered, and old age is sapping his strength. ||1||	(ਜੀਵ ਦੀਆਂ) ਆਸਾਂ ਬੇਅੰਤ ਹੁੰਦੀਆਂ ਹਨ, ਪਰ ਜ਼ਿੰਦਗੀ ਦੇ ਦਿਨ ਗਿਣੇ-ਮਿੱਥੇ ਹੁੰਦੇ ਹਨ। ਬੁਢੇਪਾ (ਜੀਵ ਦੇ ਸਰੀਰਕ) ਬਲ ਨੂੰ ਖਾਈ ਜਾਂਦਾ ਹੈ ॥੧॥
52490	1219	ਅਨਾਥਹ ਨਾਥ ਦਇਆਲ ਸੁਖਸਾਗਰ ਸਰਬ ਦੋਖ ਭੈ ਹਰਣੀ॥		Anaathheh Naathh Dhaeiaal Sukh Saagar Sarab Dhokh Bhai Haranee ||	He is the Help of the helpless, the Merciful Lord, the Ocean of Peace, the Destroyer of all pains and fears.	ਹੇ ਅਨਾਥਾਂ ਦੇ ਨਾਥ ਪ੍ਰਭੂ! ਹੇ ਦਇਆ ਦੇ ਸੋਮੇ ਪ੍ਰਭੂ! ਹੇ ਸੁਖਾਂ ਦੇ ਸਮੁੰਦਰ! ਹੇ (ਜੀਵਾਂ ਦੇ) ਸਾਰੇ ਵਿਕਾਰ ਤੇ ਡਰ ਦੂਰ ਕਰਨ ਵਾਲੇ!

52491	1219	ਮਨਿ ਬਾਂਛਤ ਚਿਤਵਤ ਨਾਨਕ ਦਾਸ ਪੇਖਿ ਜੀਵਾ ਪ੍ਰਭ ਚਰਣੀ॥੨॥੫੪॥੭੭॥		Man Baanshhath Chithavath Naanak Dhaas Paekh Jeevaa Prabh Charanee ||2||54||77||	Slave Nanak longs for this blessing, that he may live, gazing upon the Feet of God. ||2||54||77||	ਤੇਰਾ ਦਾਸ ਨਾਨਕ (ਤੇਰੇ ਦਰ ਤੋਂ ਇਹ) ਮਨ-ਮੰਗੀ ਮੁਰਾਦ ਚਾਹੁੰਦਾ ਹੈ ਕਿ ਹੇ ਪ੍ਰਭੂ! ਤੇਰੇ ਚਰਨਾਂ ਦਾ ਦਰਸਨ ਕਰ ਕੇ ਮੈਂ ਆਤਮਕ ਜੀਵਨ ਪ੍ਰਾਪਤ ਕਰਦਾ ਰਹਾਂ ॥੨॥੫੪॥੭੭॥
52492	1219	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52493	1219	ਫੀਕੇ ਹਰਿ ਕੇ ਨਾਮ ਬਿਨੁ ਸਾਦ॥		Feekae Har Kae Naam Bin Saadh ||	Without the Lord's Name, flavors are tasteless and insipid.	ਪਰਮਾਤਮਾ ਦੇ ਨਾਮ ਤੋਂ ਬਿਨਾ (ਮਾਇਕ ਪਦਾਰਥਾਂ ਦੇ) ਸੁਆਦ ਫਿੱਕੇ ਹਨ।
52494	1219	ਅੰਮ੍ਰਿਤ ਰਸੁ ਕੀਰਤਨੁ ਹਰਿ ਗਾਈਐ ਅਹਿ ਨਿਸਿ ਪੂਰਨ ਨਾਦ॥੧॥ਰਹਾਉ॥		Anmrith Ras Keerathan Har Gaaeeai Ahinis Pooran Naadh ||1|| Rehaao ||	Sing the Sweet Ambrosial Praises of the Lord's Kirtan; day and night, the Sound-current of the Naad will resonate and resound. ||1||Pause||	ਪ੍ਰਭੂ ਦਾ ਕੀਰਤਨ ਹੀ ਆਤਮਕ ਜੀਵਨ ਦੇਣ ਵਾਲਾ ਰਸ ਹੈ, ਹਰੀ ਦਾ ਕੀਰਤਨ ਹੀ ਗਾਣਾ ਚਾਹੀਦਾ ਹੈ (ਜਿਹੜਾ ਮਨੁੱਖ ਗਾਂਦਾ ਹੈ, ਉਸ ਦੇ ਅੰਦਰ) ਦਿਨ ਰਾਤ ਆਤਮਕ ਆਨੰਦ ਦੇ ਵਾਜੇ ਵੱਜਦੇ ਰਹਿੰਦੇ ਹਨ ॥੧॥ ਰਹਾਉ ॥

52495	1219	ਸਿਮਰਤ ਸਾਂਤਿ ਮਹਾ ਸੁਖੁ ਪਾਈਐ ਮਿਟਿ ਜਾਹਿ ਸਗਲ ਬਿਖਾਦ॥		Simarath Saanth Mehaa Sukh Paaeeai Mitt Jaahi Sagal Bikhaadh ||	Meditating in remembrance on the Lord, total peace and bliss are obtained, and all sorrows are taken away.	ਪਰਮਾਤਮਾ ਦਾ ਨਾਮ ਸਿਮਰਦਿਆਂ ਆਤਮਕ ਸ਼ਾਂਤੀ ਮਿਲਦੀ ਹੈ ਬੜਾ ਸੁਖ ਪ੍ਰਾਪਤ ਕਰੀਦਾ ਹੈ, (ਅੰਦਰੋਂ) ਸਾਰੇ ਦੁੱਖ-ਕਲੇਸ਼ ਮਿਟ ਜਾਂਦੇ ਹਨ।
52496	1219	ਹਰਿ ਹਰਿ ਲਾਭੁ ਸਾਧਸੰਗਿ ਪਾਈਐ ਘਰਿ ਲੈ ਆਵਹੁ ਲਾਦਿ॥੧॥		Har Har Laabh Saadhhasang Paaeeai Ghar Lai Aavahu Laadh ||1||	The profit of the Lord, Har, Har, is found in the Saadh Sangat, the Company of the Holy; so load it and bring it on home. ||1||	ਪਰ ਪਰਮਾਤਮਾ ਦਾ ਨਾਮ ਸਿਮਰਨ ਦਾ ਇਹ ਲਾਭ ਸਾਧ ਸੰਗਤ ਵਿਚ ਹੀ ਮਿਲਦਾ ਹੈ। (ਜਿਹੜੇ ਮਨੁੱਖ ਗੁਰੂ ਦੀ ਸੰਗਤ ਵਿਚ ਮਿਲ ਬੈਠਦੇ ਹਨ ਉਹ) ਆਪਣੇ ਹਿਰਦੇ-ਘਰ ਵਿਚ ਇਹ ਖੱਟੀ ਲੱਦ ਕੇ ਲੈ ਆਉਂਦੇ ਹਨ ॥੧॥
52497	1219	ਸਭ ਤੇ ਊਚ ਊਚ ਤੇ ਊਚੋ ਅੰਤੁ ਨਹੀ ਮਰਜਾਦ॥	(ਮਰਜਾਦ) ਮਰਯਾਦਾ	Sabh Thae Ooch Ooch Thae Oocho Anth Nehee Marajaadh ||	He is the Highest of all, the Highest of the high; His celestial ecomony has no limit.	(ਹੇ ਭਾਈ!) ਪਰਮਾਤਮਾ ਸਭਨਾਂ ਨਾਲੋਂ ਉੱਚਾ ਹੈ, ਉੱਚਿਆਂ ਤੋਂ ਉੱਚਾ ਹੈ, ਉਸ ਦੇ ਹੱਦ-ਬੰਨੇ ਦਾ ਅੰਤ ਨਹੀਂ ਪਾਇਆ ਜਾ ਸਕਦਾ।
52498	1219	ਬਰਨਿ ਨ ਸਾਕਉ ਨਾਨਕ ਮਹਿਮਾ ਪੇਖਿ ਰਹੇ ਬਿਸਮਾਦ॥੨॥੫੫॥੭੮॥		Baran N Saako Naanak Mehimaa Paekh Rehae Bisamaadh ||2||55||78||	Nanak cannot even express His Glorious Grandeur; gazing upon Him, he is wonder-struck. ||2||55||78||	ਹੇ ਨਾਨਕ! ਮੈਂ ਉਸ ਦੀ ਵਡਿਆਈ ਬਿਆਨ ਨਹੀਂ ਕਰ ਸਕਦਾ, ਵੇਖ ਕੇ ਹੀ ਹੈਰਾਨ ਰਹਿ ਜਾਈਦਾ ਹੈ ॥੨॥੫੫॥੭੮॥

52499	1219	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52500	1219	ਆਇਓ ਸੁਨਨ ਪੜਨ ਕਉ ਬਾਣੀ॥		Aaeiou Sunan Parran Ko Baanee ||	The mortal came to hear and chant the Word of the Guru's Bani.	(ਜਗਤ ਵਿਚ ਜੀਵ) ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣਨ ਪੜ੍ਹਨ ਵਾਸਤੇ ਆਇਆ ਹੈ (ਇਹੀ ਹੈ ਇਸ ਦਾ ਅਸਲ ਜਨਮ-ਮਨੋਰਥ)।
52501	1219	ਨਾਮੁ ਵਿਸਾਰਿ ਲਗਹਿ ਅਨ ਲਾਲਚਿ ਬਿਰਥਾ ਜਨਮੁ ਪਰਾਣੀ॥੧॥ਰਹਾਉ॥		Naam Visaar Lagehi An Laalach Birathhaa Janam Paraanee ||1|| Rehaao ||	But he has forgotten the Naam, the Name of the Lord, and he has become attached to other temptations. His life is totally worthless! ||1||Pause||	ਪਰ ਜਿਹੜੇ ਪ੍ਰਾਣੀ (ਪਰਮਾਤਮਾ ਦਾ) ਨਾਮ ਭੁਲਾ ਕੇ ਹੋਰ ਲਾਲਚ ਵਿਚ ਲੱਗੇ ਰਹਿੰਦੇ ਹਨ, ਉਹਨਾਂ ਦਾ ਮਨੁੱਖ ਜਨਮ ਵਿਅਰਥ ਚਲਾ ਜਾਂਦਾ ਹੈ ॥੧॥ ਰਹਾਉ ॥
52502	1219	ਸਮਝੁ ਅਚੇਤ ਚੇਤਿ ਮਨ ਮੇਰੇ ਕਥੀ ਸੰਤਨ ਅਕਥ ਕਹਾਣੀ॥	ਅ-ਕਥ: ਪੋਲਾ ਬੋਲੋ	Samajh Achaeth Chaeth Man Maerae Kathhee Santhan Akathh Kehaanee ||	O my unconscious mind, become conscious and figure it out; the Saints speak the Unspoken Speech of the Lord.	ਹੇ ਮੇਰੇ ਗ਼ਾਫ਼ਿਲ ਮਨ! ਹੋਸ਼ ਕਰ, ਅਕੱਥ ਪ੍ਰਭੂ ਦੀ ਜਿਹੜੀ ਸਿਫ਼ਤ-ਸਾਲਾਹ ਸੰਤ ਜਨਾਂ ਨੇ ਦੱਸੀ ਹੈ ਉਸ ਨੂੰ ਚੇਤੇ ਕਰਿਆ ਕਰ।
52503	1219	ਲਾਭੁ ਲੈਹੁ ਹਰਿ ਰਿਦੈ ਅਰਾਧਹੁ ਛੁਟਕੈ ਆਵਣ ਜਾਣੀ॥੧॥		Laabh Laihu Har Ridhai Araadhhahu Shhuttakai Aavan Jaanee ||1||	So gather in your profits - worship and adore the Lord within your heart; your coming and going in reincarnation shall end. ||1||	ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਓ, ਇਹ ਲਾਭ ਖੱਟੋ। (ਇਸ ਖੱਟੀ ਨਾਲ) ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ ॥੧॥

52504	1219	ਉਦਮੁ ਸਕਤਿ ਸਿਆਣਪ ਤੁਮ੍ਰੀ ਦੇਹਿ ਤ ਨਾਮੁ ਵਖਾਣੀ॥		Oudham Sakath Siaanap Thumharee Dhaehi Th Naam Vakhaanee ||	Efforts, powers and clever tricks are Yours; if You bless me with them, I repeat Your Name.	ਹੇ ਪ੍ਰਭੂ! ਤੇਰਾ ਹੀ ਦਿੱਤਾ ਉੱਦਮ ਤੇਰੀ ਹੀ ਦਿੱਤੀ ਸ਼ਕਤੀ ਤੇ ਸਿਆਣਪ (ਅਸੀਂ ਜੀਵ ਵਰਤ ਸਕਦੇ ਹਾਂ), ਜੇ ਤੂੰ (ਉੱਦਮ ਸ਼ਕਤੀ ਸਿਆਣਪ) ਦੇਵੇਂ, ਤਾਂ ਹੀ ਮੈਂ ਨਾਮ ਜਪ ਸਕਦਾ ਹਾਂ।
52505	1219	ਸੇਈ ਭਗਤ ਭਗਤਿ ਸੇ ਲਾਗੇ ਨਾਨਕ ਜੋ ਪ੍ਰਭ ਭਾਣੀ॥੨॥੫੬॥੭੯॥		Saeee Bhagath Bhagath Sae Laagae Naanak Jo Prabh Bhaanee ||2||56||79||	They alone are devotees, and they alone are attached to devotional worship, O Nanak, who are pleasing to God. ||2||56||79||	ਹੇ ਨਾਨਕ! ਉਹੀ ਮਨੁੱਖ ਭਗਤ (ਬਣ ਸਕਦੇ ਹਨ) ਉਹੀ ਪਰਮਾਤਮਾ ਦੀ ਭਗਤੀ ਵਿਚ ਲੱਗ ਸਕਦੇ ਹਨ, ਜਿਹੜੇ ਪ੍ਰਭੂ ਨੂੰ ਪਸੰਦ ਆ ਜਾਂਦੇ ਹਨ ॥੨॥੫੬॥੭੯॥
52506	1219	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52507	1219	ਧਨਵੰਤ ਨਾਮ ਕੇ ਵਣਜਾਰੇ॥		Dhhanavanth Naam Kae Vanajaarae ||	Those who deal in the Naam, the Name of the Lord, are wealthy.	ਅਸਲ ਧਨਾਢ ਮਨੁੱਖ ਉਹ ਹਨ ਜਿਹੜੇ ਪਰਮਾਤਮਾ ਦੇ ਨਾਮ ਦਾ ਵਣਜ ਕਰਦੇ ਹਨ।
52508	1219	ਸਾਂਝੀ ਕਰਹੁ ਨਾਮ ਧਨੁ ਖਾਟਹੁ ਗੁਰ ਕਾ ਸਬਦੁ ਬੀਚਾਰੇ॥੧॥ਰਹਾਉ॥		Saanjhee Karahu Naam Dhhan Khaattahu Gur Kaa Sabadh Veechaarae ||1|| Rehaao ||	So become a partner with them, and earn the wealth of the Naam. Contemplate the Word of the Guru's Shabad. ||1||Pause||	ਉਹਨਾਂ ਨਾਲ ਸਾਂਝ ਬਣਾਓ, ਅਤੇ ਗੁਰੂ ਦਾ ਸ਼ਬਦ ਆਪਣੇ ਮਨ ਵਿਚ ਵਸਾ ਕੇ ਪਰਮਾਤਮਾ ਦਾ ਨਾਮ-ਧਨ ਖੱਟੋ ॥੧॥ ਰਹਾਉ ॥

52509	1220	ਛੋਡਹੁ ਕਪਟੁ ਹੋਇ ਨਿਰਵੈਰਾ ਸੋ ਪ੍ਰਭੁ ਸੰਗਿ ਨਿਹਾਰੇ॥		Shhoddahu Kapatt Hoe Niravairaa So Prabh Sang Nihaarae ||	Abandon your deception, and go beyond vengeance; see God who is always with you.	(ਆਪਣੇ ਅੰਦਰੋਂ) ਨਿਰਵੈਰ ਹੋ ਕੇ (ਦੂਜਿਆਂ ਨਾਲ) ਠੱਗੀ ਕਰਨੀ ਛੱਡੋ, ਉਹ ਪਰਮਾਤਮਾ (ਤੁਹਾਡੇ) ਨਾਲ (ਵੱਸਦਾ ਹੋਇਆ, ਤੁਹਾਡੇ ਹਰੇਕ ਕੰਮ ਨੂੰ) ਵੇਖ ਰਿਹਾ ਹੈ।
52510	1220	ਸਚੁ ਧਨੁ ਵਣਜਹੁ ਸਚੁ ਧਨੁ ਸੰਚਹੁ ਕਬਹੂ ਨ ਆਵਹੁ ਹਾਰੇ॥੧॥		Sach Dhhan Vanajahu Sach Dhhan Sanchahu Kabehoo N Aavahu Haarae ||1||	Deal only in this true wealth and gather in this true wealth, and you shall never suffer loss. ||1||	ਸਦਾ ਕਾਇਮ ਰਹਿਣ ਵਾਲੇ ਧਨ ਦਾ ਵਣਜ ਕਰੋ, ਸਦਾ ਕਾਇਮ ਰਹਿਣ ਵਾਲਾ ਧਨ ਇਕੱਠਾ ਕਰੋ। ਕਦੇ ਭੀ ਜੀਵਨ-ਬਾਜ਼ੀ ਹਾਰ ਕੇ ਨਹੀਂ ਆਉਗੇ ॥੧॥
52511	1220	ਖਾਤ ਖਰਚਤ ਕਿਛੁ ਨਿਖੁਟਤ ਨਾਹੀ ਅਗਨਤ ਭਰੇ ਭੰਡਾਰੇ॥	ਨਿ-ਖੁਟਤ। ਅ-ਗਨਤ	Khaath Kharachath Kishh Nikhuttath Naahee Aganath Bharae Bhanddaarae ||	Eating and consuming it, it is never exhausted; God's treasures are overflowing.	(ਪ੍ਰਭੂ ਦੇ ਦਰ ਤੇ ਨਾਮ-ਧਨ ਦੇ) ਅਣ-ਗਿਣਤ ਖ਼ਜ਼ਾਨੇ ਭਰੇ ਪਏ ਹਨ, ਇਸ ਨੂੰ ਆਪ ਵਰਤਦਿਆਂ ਹੋਰਨਾਂ ਨੂੰ ਵਰਤਾਂਦਿਆਂ ਕੋਈ ਘਾਟ ਨਹੀਂ ਪੈਂਦੀ।
52512	1220	ਕਹੁ ਨਾਨਕ ਸੋਭਾ ਸੰਗਿ ਜਾਵਹੁ ਪਾਰਬ੍ਰਹਮ ਕੈ ਦੁਆਰੇ॥੨॥੫੭॥੮੦॥		Kahu Naanak Sobhaa Sang Jaavahu Paarabreham Kai Dhuaarae ||2||57||80||	Says Nanak, you shall go home to the Court of the Supreme Lord God with honor and respect. ||2||57||80||	ਨਾਨਕ ਆਖਦਾ ਹੈ- (ਨਾਮ-ਧਨ ਖੱਟ ਕੇ) ਪਰਮਾਤਮਾ ਦੇ ਦਰ ਤੇ ਇੱਜ਼ਤ ਨਾਲ ਜਾਉਗੇ ॥੨॥੫੭॥੮੦॥
52513	1220	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52514	1220	ਪ੍ਰਭ ਜੀ ਮੋਹਿ ਕਵਨੁ ਅਨਾਥੁ ਬਿਚਾਰਾ॥		Prabh Jee Mohi Kavan Anaathh Bichaaraa ||	O Dear God, I am wretched and helpless!	ਹੇ ਪ੍ਰਭੂ ਜੀ! (ਤੇਰੀ ਮਿਹਰ ਤੋਂ ਬਿਨਾ) ਮੇਰੀ ਕੋਈ ਪਾਂਇਆਂ ਨਹੀਂ, ਮੈਂ ਤਾਂ ਵਿਚਾਰਾ ਅਨਾਥ ਹੀ ਹਾਂ।
52515	1220	ਕਵਨ ਮੂਲ ਤੇ ਮਾਨੁਖੁ ਕਰਿਆ ਇਹੁ ਪਰਤਾਪੁ ਤੁਹਾਰਾ॥੧॥ਰਹਾਉ॥		Kavan Mool Thae Maanukh Kariaa Eihu Parathaap Thuhaaraa ||1|| Rehaao ||	From what source did you create humans? This is Your Glorious Grandeur. ||1||Pause||	ਕਿਸ ਮੁੱਢ ਤੋਂ (ਇਕ ਬੂੰਦ ਤੋਂ) ਤੂੰ ਮੈਨੂੰ ਮਨੁੱਖ ਬਣਾ ਦਿੱਤਾ, ਇਹ ਤੇਰਾ ਹੀ ਪਰਤਾਪ ਹੈ ॥੧॥ ਰਹਾਉ ॥
52516	1220	ਜੀਅ ਪ੍ਰਾਣ ਸਰਬ ਕੇ ਦਾਤੇ ਗੁਣ ਕਹੇ ਨ ਜਾਹਿ ਅਪਾਰਾ॥		Jeea Praan Sarab Kae Dhaathae Gun Kehae N Jaahi Apaaraa ||	You are the Giver of the soul and the breath of life to all; Your Infinite Glories cannot be spoken.	ਹੇ ਜਿੰਦ ਦੇਣ ਵਾਲੇ! ਹੇ ਪ੍ਰਾਣ ਦਾਤੇ! ਹੇ ਸਭ ਪਦਾਰਥ ਦੇਣ ਵਾਲੇ! ਤੇਰੇ ਗੁਣ ਬੇਅੰਤ ਹਨ, ਬਿਆਨ ਨਹੀਂ ਕੀਤੇ ਜਾ ਸਕਦੇ।
52517	1220	ਸਭ ਕੇ ਪ੍ਰੀਤਮ ਸ੍ਰਬ ਪ੍ਰਤਿਪਾਲਕ ਸਰਬ ਘਟਾਂ ਆਧਾਰਾ॥੧॥		Sabh Kae Preetham Srab Prathipaalak Sarab Ghattaan Aadhhaaraa ||1||	You are the Beloved Lord of all, the Cherisher of all, the Support of all hearts. ||1||	ਹੇ ਸਭ ਜੀਵਾਂ ਦੇ ਪਿਆਰੇ! ਹੇ ਸਭਨਾਂ ਦੇ ਪਾਲਣਹਾਰ! ਤੂੰ ਸਭ ਸਰੀਰਾਂ ਨੂੰ ਆਸਰਾ ਦੇਂਦਾ ਹੈਂ ॥੧॥
52518	1220	ਕੋਇ ਨ ਜਾਨੈ ਤੁਮਰੀ ਗਤਿ ਮਿਤਿ ਆਪਹਿ ਏਕ ਪਸਾਰਾ॥		Koe N Jaanai Thumaree Gath Mith Aapehi Eaek Pasaaraa ||	No one knows Your state and extent. You alone created the expanse of the Universe.	ਹੇ ਪ੍ਰਭੂ! ਤੂੰ ਕਿਹੋ ਜਿਹਾ ਹੈਂ ਅਤੇ ਕੇਡਾ ਵੱਡਾ ਹੈਂ-ਕੋਈ ਜੀਵ ਇਹ ਨਹੀਂ ਜਾਣ ਸਕਦਾ। ਤੂੰ ਆਪ ਇਸ ਜਗਤ-ਖਿਲਾਰੇ ਦਾ ਖਿਲਾਰਨ ਵਾਲਾ ਹੈਂ।

52519	1220	ਸਾਧ ਨਾਵ ਬੈਠਾਵਹੁ ਨਾਨਕ ਭਵ ਸਾਗਰੁ ਪਾਰਿ ਉਤਾਰਾ॥੨॥੫੮॥੮੧॥		Saadhh Naav Baithaavahu Naanak Bhav Saagar Paar Outhaaraa ||2||58||81||	Please, give me a seat in the boat of the Holy; O Nanak, thus I shall cross over this terrifying world-ocean, and reach the other shore. ||2||58||81||	ਹੇ ਨਾਨਕ! ਮੈਨੂੰ ਸਾਧ ਸੰਗਤ ਦੀ ਬੇੜੀ ਵਿਚ ਬਿਠਾਲ ਅਤੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਹ ॥੨॥੫੮॥੮੧॥
52520	1220	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52521	1220	ਆਵੈ ਰਾਮ ਸਰਣਿ ਵਡਭਾਗੀ॥		Aavai Raam Saran Vaddabhaagee ||	One who comes to the Lord's Sanctuary is very fortunate.	ਕੋਈ ਵੱਡੇ ਭਾਗਾਂ ਵਾਲਾ ਮਨੁੱਖ ਹੀ ਪਰਮਾਤਮਾ ਦੀ ਸਰਨ ਆਉਂਦਾ ਹੈ।
52522	1220	ਏਕਸ ਬਿਨੁ ਕਿਛੁ ਹੋਰੁ ਨ ਜਾਣੈ ਅਵਰਿ ਉਪਾਵ ਤਿਆਗੀ॥੧॥ਰਹਾਉ॥		Eaekas Bin Kishh Hor N Jaanai Avar Oupaav Thiaagee ||1|| Rehaao ||	He knows of no other than the One Lord. He has renounced all other efforts. ||1||Pause||	ਇਕ ਪਰਮਾਤਮਾ ਦੀ ਸ਼ਰਨ ਤੋਂ ਬਿਨਾ ਉਹ ਮਨੁੱਖ ਕੋਈ ਹੋਰ ਹੀਲਾ ਨਹੀਂ ਜਾਣਦਾ। ਉਹ ਹੋਰ ਸਾਰੇ ਹੀਲੇ ਛੱਡ ਦੇਂਦਾ ਹੈ ॥੧॥ ਰਹਾਉ ॥
52523	1220	ਮਨ ਬਚ ਕ੍ਰਮ ਆਰਾਧੈ ਹਰਿ ਹਰਿ ਸਾਧਸੰਗਿ ਸੁਖੁ ਪਾਇਆ॥		Man Bach Kram Aaraadhhai Har Har Saadhhasang Sukh Paaeiaa ||	He worships and adores the Lord, Har, Har, in thought, word and deed; in the Saadh Sangat, the Company of the Holy, he finds peace.	(ਪ੍ਰਭੂ ਦੀ ਸਰਨ ਆਉਣ ਵਾਲਾ ਮਨੁੱਖ) ਆਪਣੇ ਮਨ ਦੀ ਰਾਹੀਂ ਬਚਨ ਦੀ ਰਾਹੀਂ ਕੰਮ ਦੀ ਰਾਹੀਂ ਪਰਮਾਤਮਾ ਦਾ ਹੀ ਆਰਾਧਨ ਕਰਦਾ ਹੈ। ਉਹ ਗੁਰੂ ਦੀ ਸੰਗਤ ਵਿਚ ਟਿਕ ਕੇ ਆਤਮਕ ਆਨੰਦ ਮਾਣਦਾ ਹੈ।

52524	1220	ਅਨਦ ਬਿਨੋਦ ਅਕਥ ਕਥਾ ਰਸੁ ਸਾਚੈ ਸਹਜਿ ਸਮਾਇਆ॥੧॥	ਅ-ਕਥ: ਪੋਲਾ ਬੋਲੋ	Anadh Binodh Akathh Kathhaa Ras Saachai Sehaj Samaaeiaa ||1||	He enjoys bliss and pleasure, and savors the Unspoken Speech of the Lord; he merges intuitively into the True Lord. ||1||	(ਉਸ ਦੇ ਹਿਰਦੇ ਵਿਚ) ਆਤਮਕ ਆਨੰਦ ਤੇ ਖ਼ੁਸ਼ੀਆਂ ਬਣੀਆਂ ਰਹਿੰਦੀਆਂ ਹਨ। ਉਹ ਅਕੱਥ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਸੁਆਦ (ਮਾਣਦਾ ਰਹਿੰਦਾ ਹੈ)। ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਅਤੇ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ ॥੧॥
52525	1220	ਕਰਿ ਕਿਰਪਾ ਜੋ ਅਪੁਨਾ ਕੀਨੋ ਤਾ ਕੀ ਊਤਮ ਬਾਣੀ॥		Kar Kirapaa Jo Apunaa Keeno Thaa Kee Ootham Baanee ||	Sublime and exalted is the speech of one whom the Lord, in His Mercy makes His Own.	(ਪ੍ਰਭੂ) ਮਿਹਰ ਕਰ ਕੇ ਜਿਸ ਮਨੁੱਖ ਨੂੰ ਆਪਣਾ (ਸੇਵਕ) ਬਣਾ ਲੈਂਦਾ ਹੈ, ਉਸ ਦੀ ਉੱਚੀ ਸੋਭਾ ਹੁੰਦੀ ਹੈ।
52526	1220	ਸਾਧਸੰਗਿ ਨਾਨਕ ਨਿਸਤਰੀਐ ਜੋ ਰਾਤੇ ਪ੍ਰਭ ਨਿਰਬਾਣੀ॥੨॥੫੯॥੮੨॥		Saadhhasang Naanak Nisathareeai Jo Raathae Prabh Nirabaanee ||2||59||82||	Those who are imbued with God in the state of Nirvaanaa, O Nanak, are emancipated in the Saadh Sangat. ||2||59||82||	ਹੇ ਨਾਨਕ! ਜਿਹੜੇ ਸਾਧ ਜਨ ਨਿਰਲੇਪ ਪ੍ਰਭੂ (ਦੇ ਪ੍ਰੇਮ-ਰੰਗ) ਵਿਚ ਰੰਗੇ ਰਹਿੰਦੇ ਹਨ ਉਹਨਾਂ ਦੀ ਸੰਗਤ ਵਿਚ (ਰਿਹਾਂ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ ॥੨॥੫੯॥੮੨॥
52527	1220	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52528	1220	ਜਾ ਤੇ ਸਾਧੂ ਸਰਣਿ ਗਹੀ॥		Jaa Thae Saadhhoo Saran Gehee ||	Since I grasped hold of the Sanctuary of the Holy,	ਜਦੋਂ ਤੋਂ (ਮੈਂ) ਗੁਰੂ ਦਾ ਪੱਲਾ ਫੜਿਆ ਹੈ,

52529	1220	ਸਾਂਤਿ ਸਹਜੁ ਮਨਿ ਭਇਓ ਪ੍ਰਗਾਸਾ ਬਿਰਥਾ ਕਛੁ ਨ ਰਹੀ॥੧॥ਰਹਾਉ॥		Saanth Sehaj Man Bhaeiou Pragaasaa Birathhaa Kashh N Rehee ||1|| Rehaao ||	My mind is illuminated with tranquility, peace and poise, and I am rid of all my pain. ||1||Pause||	(ਮੇਰੇ) ਮਨ ਵਿਚ ਸ਼ਾਂਤੀ ਅਤੇ ਆਤਮਕ ਅਡੋਲਤਾ ਪੈਦਾ ਹੋ ਗਈ ਹੈ, (ਮੇਰੇ) ਮਨ ਵਿਚ ਆਤਮਕ ਜੀਵਨ ਦਾ ਚਾਨਣ ਹੋ ਗਿਆ ਹੈ, (ਮੇਰੇ ਮਨ ਵਿਚ) ਕੋਈ ਦੁੱਖ-ਦਰਦ ਨਹੀਂ ਰਹਿ ਗਿਆ ॥੧॥ ਰਹਾਉ ॥
52530	1220	ਹੋਹੁ ਕ੍ਰਿਪਾਲ ਨਾਮੁ ਦੇਹੁ ਅਪੁਨਾ ਬਿਨਤੀ ਏਹ ਕਹੀ॥		Hohu Kirapaal Naam Dhaehu Apunaa Binathee Eaeh Kehee ||	Please be merciful to me, O Lord, and bless me with Your Name; this is the prayer I offer to You.	ਜਦੋਂ ਤੋਂ ਮੈਂ ਗੁਰੂ ਦਾ ਦਰ ਮੱਲਿਆ ਹੈ ਤਦੋਂ ਤੋਂ ਪ੍ਰਭੂ-ਦਰ ਤੇ) ਇਹੀ ਅਰਦਾਸ ਕਰਦਾ ਰਹਿੰਦਾ ਹਾਂ-'ਹੇ ਪ੍ਰਭੂ! ਦਇਆਵਾਨ ਹੋ, ਮੈਨੂੰ ਆਪਣਾ ਨਾਮ ਬਖ਼ਸ਼'।
52531	1220	ਆਨ ਬਿਉਹਾਰ ਬਿਸਰੇ ਪ੍ਰਭ ਸਿਮਰਤ ਪਾਇਓ ਲਾਭੁ ਸਹੀ॥੧॥		Aan Biouhaar Bisarae Prabh Simarath Paaeiou Laabh Sehee ||1||	I have forgotten my other occupations; remembering God in meditation, I have obtained the true profit. ||1||	ਪ੍ਰਭੂ ਦਾ ਨਾਮ ਸਿਮਰਦਿਆਂ ਹੋਰ ਹੋਰ ਵਿਹਾਰਾਂ ਵਿਚ ਮੇਰਾ ਮਨ ਖਚਿਤ ਨਹੀਂ ਹੁੰਦਾ (ਹੋਰ ਹੋਰ ਵਿਹਾਰ ਮੈਨੂੰ ਭੁੱਲ ਗਏ ਹਨ)। ਮੈਂ ਅਸਲ ਖੱਟੀ ਖੱਟ ਲਈ ਹੈ ॥੧॥
52532	1220	ਜਹ ਤੇ ਉਪਜਿਓ ਤਹੀ ਸਮਾਨੋ ਸਾਈ ਬਸਤੁ ਅਹੀ॥	ਸਾਂਈਂ	Jeh Thae Oupajiou Thehee Samaano Saaee Basath Ahee ||	We shall merge again into the One from whom we came; He is the Essence of Being.	ਜਿਸ ਪ੍ਰਭੂ ਤੋਂ ਇਹ ਜਿੰਦੜੀ ਪੈਦਾ ਹੋਈ ਸੀ ਉਸੇ ਵਿਚ ਟਿਕੀ ਰਹਿੰਦੀ ਹੈ, ਮੈਨੂੰ ਹੁਣ ਇਹ (ਨਾਮ-) ਵਸਤੂ ਹੀ ਚੰਗੀ ਲੱਗਦੀ ਹੈ।

52533	1220	ਕਹੁ ਨਾਨਕ ਭਰਮੁ ਗੁਰਿ ਖੋਇਓ ਜੋਤੀ ਜੋਤਿ ਸਮਹੀ॥੨॥੬੦॥੮੩॥	ਸ-ਮਹੀ	Kahu Naanak Bharam Gur Khoeiou Jothee Joth Samehee ||2||60||83||	Says Nanak, the Guru has eradicated my doubt; my light has merged into the Light. ||2||60||83||	ਨਾਨਕ ਆਖਦਾ ਹੈ- ਗੁਰੂ ਨੇ (ਮੇਰੇ ਮਨ ਦੀ) ਭਟਕਣਾ ਦੂਰ ਕਰ ਦਿੱਤੀ ਹੈ, ਮੇਰੀ ਜਿੰਦ ਪ੍ਰਭੂ ਦੀ ਜੋਤਿ ਵਿਚ ਲੀਨ ਰਹਿੰਦੀ ਹੈ ॥੨॥੬੦॥੮੩॥
52534	1220	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52535	1220	ਰਸਨਾ ਰਾਮ ਕੋ ਜਸੁ ਗਾਉ॥		Rasanaa Raam Ko Jas Gaao ||	O my tongue, sing the Praises of the Lord.	(ਆਪਣੀ) ਜੀਭ ਨਾਲ ਪਰਮਾਤਮਾ ਦੀ ਸਿਫ਼ਤ-ਸਾਲਾਹ ਗਾਇਆ ਕਰ।
52536	1220	ਆਨ ਸੁਆਦ ਬਿਸਾਰਿ ਸਗਲੇ ਭਲੋ ਨਾਮ ਸੁਆਉ॥੧॥ਰਹਾਉ॥		Aan Suaadh Bisaar Sagalae Bhalo Naam Suaao ||1|| Rehaao ||	Abandon all other tastes and flavors; the taste of the Naam, the Name of the Lord, is so sublime. ||1||Pause||	(ਨਾਮ ਤੋਂ ਬਿਨਾ) ਹੋਰ ਸਾਰੇ ਸੁਆਦ ਭੁਲਾ ਦੇ, (ਪਰਮਾਤਮਾ ਦੇ) ਨਾਮ ਦਾ ਸੁਆਦ (ਸਭ ਸੁਆਦਾਂ ਨਾਲੋਂ) ਚੰਗਾ ਹੈ ॥੧॥ ਰਹਾਉ ॥
52537	1220	ਚਰਨਕਮਲ ਬਸਾਇ ਹਿਰਦੈ ਏਕ ਸਿਉ ਲਿਵ ਲਾਉ॥		Charan Kamal Basaae Hiradhai Eaek Sio Liv Laao ||	Enshrine the Lord's Lotus Feet within your heart; let yourself be lovingly attuned to the One Lord.	ਪਰਮਾਤਮਾ ਦੇ ਸੋਹਣੇ ਚਰਨ (ਆਪਣੇ) ਹਿਰਦੇ ਵਿਚ ਟਿਕਾਈ ਰੱਖ, ਸਿਰਫ਼ ਪਰਮਾਤਮਾ ਨਾਲ ਸੁਰਤ ਜੋੜੀ ਰੱਖ।

52538	1220	ਸਾਧਸੰਗਤਿ ਹੋਹਿ ਨਿਰਮਲੁ ਬਹੁੜਿ ਜੋਨਿ ਨ ਆਉ॥੧॥		Saadhhasangath Hohi Niramal Bahurr Jon N Aao ||1||	In the Saadh Sangat, the Company of the Holy, you shall become immaculate and pure; you shall not come to be reincarnated again. ||1||	ਸਾਧ ਸੰਗਤ ਵਿਚ ਰਹਿ ਕੇ ਸੁੱਚੇ ਜੀਵਨ ਵਾਲਾ ਹੋ ਜਾਹਿਂਗਾ, ਮੁੜ ਮੁੜ ਜੂਨਾਂ ਵਿਚ ਨਹੀਂ ਆਵੇਂਗਾ ॥੧॥
52539	1220	ਜੀਉ ਪ੍ਰਾਨ ਅਧਾਰੁ ਤੇਰਾ ਤੂ ਨਿਥਾਵੇ ਥਾਉ॥		Jeeo Praan Adhhaar Thaeraa Thoo Nithhaavae Thhaao ||	You are the Support of the soul and the breath of life; You are the Home of the homeless.	ਹੇ ਹਰੀ! ਮੇਰੀ ਜਿੰਦ ਅਤੇ ਪ੍ਰਾਣਾਂ ਨੂੰ ਤੇਰਾ ਹੀ ਆਸਰਾ ਹੈ, ਜਿਸ ਦਾ ਹੋਰ ਕੋਈ ਸਹਾਰਾ ਨਾਹ ਹੋਵੇ, ਤੂੰ ਉਸ ਦਾ ਸਹਾਰਾ ਹੈਂ।
52540	1220	ਸਾਸਿ ਸਾਸਿ ਸਮ੍ਾਲਿ ਹਰਿ ਹਰਿ ਨਾਨਕ ਸਦ ਬਲਿ ਜਾਉ॥੨॥੬੧॥੮੪॥		Saas Saas Samhaal Har Har Naanak Sadh Bal Jaao ||2||61||84||	With each and every breath, I dwell on the Lord, Har, Har; O Nanak, I am forever a sacrifice to Him. ||2||61||84||	ਹੇ ਹਰੀ! ਮੈਂ ਤਾਂ ਆਪਣੇ ਹਰੇਕ ਸਾਹ ਦੇ ਨਾਲ ਤੈਨੂੰ ਯਾਦ ਕਰਦਾ ਹਾਂ, ਅਤੇ ਮੈਂ ਨਾਨਕ ਤੈਥੋਂ ਸਦਕੇ ਜਾਂਦਾ ਹਾਂ ॥੨॥੬੧॥੮੪॥
52541	1220	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52542	1220	ਬੈਕੁੰਠ ਗੋਬਿੰਦ ਚਰਨ ਨਿਤ ਧਿਆਉ॥		Baikunth Gobindh Charan Nith Dhhiaao ||	To meditate on the Lotus Feet of the Lord of the Universe is heaven for me.	ਮੈਂ ਤਾਂ ਸਦਾ ਪਰਮਾਤਮਾ ਦੇ ਚਰਨਾਂ ਦਾ ਧਿਆਨ ਧਰਦਾ ਹਾਂ- (ਇਹ ਮੇਰੇ ਲਈ) ਬੈਕੁੰਠ ਹੈ।

52543	1220	ਮੁਕਤਿ ਪਦਾਰਥੁ ਸਾਧੂਸੰਗਤਿ ਅੰਮ੍ਰਿਤੁ ਹਰਿ ਕਾ ਨਾਉ॥੧॥ਰਹਾਉ॥		Mukath Padhaarathh Saadhhoo Sangath Anmrith Har Kaa Naao ||1|| Rehaao ||	In the Saadh Sangat, the Company of the Holy, is the treasure of liberation and the Lord's Ambrosial Name. ||1||Pause||	ਗੁਰੂ ਦੀ ਸੰਗਤ ਵਿਚ ਟਿਕੇ ਰਹਿਣਾ-(ਮੇਰੇ ਵਾਸਤੇ ਚੌਹਾਂ ਪਦਾਰਥਾਂ ਵਿਚੋਂ ਸ੍ਰੇਸ਼ਟ) ਮੁਕਤੀ ਪਦਾਰਥ ਹੈ। ਪਰਮਾਤਮਾ ਦਾ ਨਾਮ ਹੀ (ਮੇਰੇ ਲਈ) ਆਤਮਕ ਜੀਵਨ ਦੇਣ ਵਾਲਾ ਜਲ ਹੈ ॥੧॥ ਰਹਾਉ ॥
52544	1220	ਊਤਮ ਕਥਾ ਸੁਣੀਜੈ ਸ੍ਰਵਣੀ ਮਇਆ ਕਰਹੁ ਭਗਵਾਨ॥		Ootham Kathhaa Suneejai Sravanee Maeiaa Karahu Bhagavaan ||	O Lord God, please be kind to me, that I may hear with my ears Your Sublime and Exalted Sermon.	ਹੇ ਭਗਵਾਨ! (ਮੇਰੇ ਉੱਤੇ) ਮਿਹਰ ਕਰ, (ਤਾ ਕਿ) ਤੇਰੀ ਉੱਤਮ ਸਿਫ਼ਤ-ਸਾਲਾਹ ਕੰਨਾਂ ਨਾਲ ਸੁਣੀ ਜਾ ਸਕੇ।
52545	1220	ਆਵਤ ਜਾਤ ਦੋਊ ਪਖ ਪੂਰਨ ਪਾਈਐ ਸੁਖ ਬਿਸ੍ਰਾਮ॥੧॥		Aavath Jaath Dhooo Pakh Pooran Paaeeai Sukh Bisraam ||1||	My cycle of coming and going is finally completed, and I have attained peace and tranquility. ||1||	(ਸਿਫ਼ਤ-ਸਾਲਾਹ ਦੀ ਬਰਕਤਿ ਨਾਲ) ਜੰਮਣਾ ਤੇ ਮਰਨਾ-ਇਹ ਦੋਵੇਂ ਪੱਖ ਮੁੱਕ ਜਾਂਦੇ ਹਨ। ਸੁਖਾਂ ਦੇ ਮੂਲ ਪਰਮਾਤਮਾ ਨਾਲ ਮਿਲਾਪ ਹੋ ਜਾਂਦਾ ਹੈ ॥੧॥
52546	1221	ਸੋਧਤ ਸੋਧਤ ਤਤੁ ਬੀਚਾਰਿਓ ਭਗਤਿ ਸਰੇਸਟ ਪੂਰੀ॥		Sodhhath Sodhhath Thath Beechaariou Bhagath Saraesatt Pooree ||	Searching and searching, I have realized the essence of reality: devotional worship is the most sublime fulfillment.	ਵਿਚਾਰ ਕਰਦਿਆਂ ਕਰਦਿਆਂ ਇਹ ਅਸਲੀਅਤ ਲੱਭੀ ਹੈ ਕਿ ਪਰਮਾਤਮਾ ਦੀ ਭਗਤੀ ਹੀ ਪੂਰਨ ਤੌਰ ਤੇ ਹੀ ਚੰਗੀ (ਕ੍ਰਿਆ) ਹੈ।

52547	1221	ਕਹੁ ਨਾਨਕ ਇਕ ਰਾਮ ਨਾਮ ਬਿਨੁ ਅਵਰ ਸਗਲ ਬਿਧਿ ਊਰੀ॥੨॥੬੨॥੮੫॥		Kahu Naanak Eik Raam Naam Bin Avar Sagal Bidhh Ooree ||2||62||85||	Says Nanak, without the Name of the One Lord, all other ways are imperfect. ||2||62||85||	ਨਾਨਕ ਆਖਦਾ ਹੈ- ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਹਰੇਕ (ਜੀਵਨ-) ਢੰਗ ਅਧੂਰਾ ਹੈ ॥੨॥੬੨॥੮੫॥
52548	1221	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52549	1221	ਸਾਚੇ ਸਤਿਗੁਰੂ ਦਾਤਾਰਾ॥		Saachae Sathiguroo Dhaathaaraa ||	The True Guru is the True Giver.	ਹੇ ਸਦਾ ਕਾਇਮ ਰਹਿਣ ਵਾਲੇ! ਹੇ ਸਤਿਗੁਰੂ! ਹੇ ਸਭ ਦਾਤਾਂ ਦੇਣ ਵਾਲੇ ਪ੍ਰਭੂ!
52550	1221	ਦਰਸਨੁ ਦੇਖਿ ਸਗਲ ਦੁਖ ਨਾਸਹਿ ਚਰਨਕਮਲ ਬਲਿਹਾਰਾ॥੧॥ਰਹਾਉ॥		Dharasan Dhaekh Sagal Dhukh Naasehi Charan Kamal Balihaaraa ||1|| Rehaao ||	Gazing upon the Blessed Vision of His Darshan, all my pains are dispelled. I am a sacrifice to His Lotus Feet. ||1||Pause||	ਤੇਰਾ ਦਰਸਨ ਕਰ ਕੇ (ਜੀਵ ਦੇ) ਸਾਰੇ ਦੁੱਖ ਨਾਸ ਹੋ ਜਾਂਦੇ ਹਨ। ਮੈਂ ਤੇਰੇ ਸੋਹਣੇ ਚਰਨਾਂ ਤੋਂ ਸਦਕੇ ਜਾਂਦਾ ਹਾਂ ॥੧॥ ਰਹਾਉ ॥
52551	1221	ਸਤਿ ਪਰਮੇਸਰੁ ਸਤਿ ਸਾਧ ਜਨ ਨਿਹਚਲੁ ਹਰਿ ਕਾ ਨਾਉ॥		Sath Paramaesar Sath Saadhh Jan Nihachal Har Kaa Naao ||	The Supreme Lord God is True, and True are the Holy Saints; the Name of the Lord is steady and stable.	ਪਰਮੇਸਰ ਸਦਾ ਕਾਇਮ ਰਹਿਣ ਵਾਲਾ ਹੈ, (ਉਸ ਦੇ) ਸੰਤ ਜਨ ਅਟੱਲ ਜੀਵਨ ਵਾਲੇ ਹੁੰਦੇ ਹਨ। ਪਰਮਾਤਮਾ ਦਾ ਨਾਮ ਅਟੱਲ ਰਹਿਣ ਵਾਲਾ ਹੈ।

52552	1221	ਭਗਤਿ ਭਾਵਨੀ ਪਾਰਬ੍ਰਹਮ ਕੀ ਅਬਿਨਾਸੀ ਗੁਣ ਗਾਉ॥੧॥		Bhagath Bhaavanee Paarabreham Kee Abinaasee Gun Gaao ||1||	So worship the Imperishable, Supreme Lord God with love, and sing His Glorious Praises. ||1||	(ਪੂਰੀ) ਸਰਧਾ ਨਾਲ ਉਸ ਪਰਮਾਤਮਾ ਦੀ ਭਗਤੀ ਕਰਨੀ ਚਾਹੀਦੀ ਹੈ, ਉਸ ਕਦੇ ਨਾਹ ਨਾਸ ਹੋਣ ਵਾਲੇ ਪ੍ਰਭੂ ਦੇ ਗੁਣ ਗਾਇਆ ਕਰੋ ॥੧॥
52553	1221	ਅਗਮੁ ਅਗੋਚਰੁ ਮਿਤਿ ਨਹੀ ਪਾਈਐ ਸਗਲ ਘਟਾ ਆਧਾਰੁ॥		Agam Agochar Mith Nehee Paaeeai Sagal Ghattaa Aadhhaar ||	The limits of the Inaccessible, Unfathomable Lord cannot be found; He is the Support of all hearts.	ਪਰਮਾਤਮਾ ਅਪਹੁੰਚ ਹੈ, ਉਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਉਹ ਕੇਡਾ ਵੱਡਾ ਹੈ-ਇਹ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ। ਉਹ ਪਰਮਾਤਮਾ ਸਾਰੇ ਸਰੀਰਾਂ ਦਾ ਆਸਰਾ ਹੈ।
52554	1221	ਨਾਨਕ ਵਾਹੁ ਵਾਹੁ ਕਹੁ ਤਾ ਕਉ ਜਾ ਕਾ ਅੰਤੁ ਨ ਪਾਰੁ॥੨॥੬੩॥੮੬॥		Naanak Vaahu Vaahu Kahu Thaa Ko Jaa Kaa Anth N Paar ||2||63||86||	O Nanak, chant, ""Waaho! Waaho!"" to Him, who has no end or limitation. ||2||63||86||	ਹੇ ਨਾਨਕ! ਉਸ ਪ੍ਰਭੂ ਦੀ ਸਿਫ਼ਤ-ਸਾਲਾਹ ਕਰਿਆ ਕਰੋ, ਜਿਸ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਜਿਸ ਦੇ ਗੁਣਾਂ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ ॥੨॥੬੩॥੮੬॥
52555	1221	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52556	1221	ਗੁਰ ਕੇ ਚਰਨ ਬਸੇ ਮਨ ਮੇਰੈ॥		Gur Kae Charan Basae Man Maerai ||	The Feet of the Guru abide within my mind.	(ਜਦੋਂ ਦੇ) ਗੁਰੂ ਦੇ ਚਰਨ ਮੇਰੇ ਮਨ ਵਿਚ ਵੱਸ ਪਏ ਹਨ,

52557	1221	ਪੂਰਿ ਰਹਿਓ ਠਾਕੁਰੁ ਸਭ ਥਾਈ ਨਿਕਟਿ ਬਸੈ ਸਭ ਨੇਰੈ॥੧॥ਰਹਾਉ॥	ਥਾਂਈਂ	Poor Rehiou Thaakur Sabh Thhaaee Nikatt Basai Sabh Naerai ||1|| Rehaao ||	My Lord and Master is permeating and pervading all places; He dwells nearby, close to all. ||1||Pause||	(ਮੈਨੂੰ ਨਿਸਚਾ ਹੋ ਗਿਆ ਹੈ ਕਿ) ਮਾਲਕ-ਪ੍ਰਭੂ ਸਭਨੀਂ ਥਾਈਂ ਵਿਆਪਕ ਹੈ, (ਮੇਰੇ) ਨੇੜੇ ਵੱਸ ਰਿਹਾ ਹੈ, ਸਭਨਾਂ ਦੇ ਨੇੜੇ ਵੱਸ ਰਿਹਾ ਹੈ ॥੧॥ ਰਹਾਉ ॥
52558	1221	ਬੰਧਨ ਤੋਰਿ ਰਾਮ ਲਿਵ ਲਾਈ ਸੰਤਸੰਗਿ ਬਨਿ ਆਈ॥		Bandhhan Thor Raam Liv Laaee Santhasang Ban Aaee ||	Breaking my bonds, I have lovingly tuned in to the Lord, and now the Saints are pleased with me.	(ਜਦੋਂ ਤੋਂ) ਗੁਰੂ ਨਾਲ ਮੇਰਾ ਪਿਆਰ ਪਿਆ ਹੈ (ਉਸ ਨੇ ਮੇਰੇ ਮਾਇਆ ਦੇ ਮੋਹ ਦੇ) ਬੰਧਨ ਤੋੜ ਕੇ ਮੇਰੀ ਸੁਰਤ ਪਰਮਾਤਮਾ ਨਾਲ ਜੋੜ ਦਿੱਤੀ ਹੈ,
52559	1221	ਜਨਮੁ ਪਦਾਰਥੁ ਭਇਓ ਪੁਨੀਤਾ ਇਛਾ ਸਗਲ ਪੁਜਾਈ॥੧॥		Janam Padhaarathh Bhaeiou Puneethaa Eishhaa Sagal Pujaaee ||1||	This precious human life has been sanctified, and all my desires have been fulfilled. ||1||	ਮੇਰਾ ਕੀਮਤੀ ਮਨੁੱਖਾ ਜਨਮ ਪਵਿੱਤਰ ਹੋ ਗਿਆ ਹੈ। (ਗੁਰੂ ਨੇ) ਮੇਰੀਆਂ ਸਾਰੀਆਂ ਮਨੋ-ਕਾਮਨਾਂ ਪੂਰੀਆਂ ਕਰ ਦਿੱਤੀਆਂ ਹਨ ॥੧॥
52560	1221	ਜਾ ਕਉ ਕ੍ਰਿਪਾ ਕਰਹੁ ਪ੍ਰਭ ਮੇਰੇ ਸੋ ਹਰਿ ਕਾ ਜਸੁ ਗਾਵੈ॥		Jaa Ko Kirapaa Karahu Prabh Maerae So Har Kaa Jas Gaavai ||	O my God, whoever You bless with Your Mercy - he alone sings Your Glorious Praises.	ਹੇ ਮੇਰੇ ਪ੍ਰਭੂ! ਤੂੰ ਜਿਸ ਮਨੁੱਖ ਉਤੇ ਮਿਹਰ ਕਰਦਾ ਹੈਂ, ਉਹ, ਹੇ ਹਰੀ! ਤੇਰੀ ਸਿਫ਼ਤ-ਸਾਲਾਹ ਦਾ ਗੀਤ ਗਾਂਦਾ ਰਹਿੰਦਾ ਹੈ।

52561	1221	ਆਠ ਪਹਰ ਗੋਬਿੰਦ ਗੁਨ ਗਾਵੈ ਜਨੁ ਨਾਨਕੁ ਸਦ ਬਲਿ ਜਾਵੈ॥੨॥੬੪॥੮੭॥		Aath Pehar Gobindh Gun Gaavai Jan Naanak Sadh Bal Jaavai ||2||64||87||	Servant Nanak is a sacrifice to that person who sings the Glorious Praises of the Lord of the Universe, twenty-four hours a day. ||2||64||87||	ਜਿਹੜਾ ਮਨੁੱਖ ਅੱਠੇ ਪਹਰ (ਹਰ ਵੇਲੇ) ਪਰਮਾਤਮਾ ਦੇ ਗੁਣ ਗਾਂਦਾ ਹੈ, ਦਾਸ ਨਾਨਕ ਉਸ ਤੋਂ ਸਦਾ ਕੁਰਬਾਨ ਜਾਂਦਾ ਹੈ ॥੨॥੬੪॥੮੭॥
52562	1221	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52563	1221	ਜੀਵਨੁ ਤਉ ਗਨੀਐ ਹਰਿ ਪੇਖਾ॥	ਪੇਖਾਂ	Jeevan Tho Ganeeai Har Paekhaa ||	A person is judged to be alive, only if he sees the Lord.	ਜੇ ਮੈਂ (ਇਸੇ ਮਨੁੱਖਾ ਜਨਮ ਵਿਚ) ਪਰਮਾਤਮਾ ਦਾ ਦਰਸ਼ਨ ਕਰ ਸਕਾਂ, ਤਦੋਂ ਹੀ (ਮੇਰਾ ਇਹ ਅਸਲ ਮਨੁੱਖਾ) ਜੀਵਨ ਸਮਝਿਆ ਜਾ ਸਕਦਾ ਹੈ।
52564	1221	ਕਰਹੁ ਕ੍ਰਿਪਾ ਪ੍ਰੀਤਮ ਮਨਮੋਹਨ ਫੋਰਿ ਭਰਮ ਕੀ ਰੇਖਾ॥੧॥ਰਹਾਉ॥	ਰੇਖਾ: ਪੋਲਾ ਬੋਲੋ	Karahu Kirapaa Preetham Manamohan For Bharam Kee Raekhaa ||1|| Rehaao ||	Please be merciful to me, O my Enticing Beloved Lord, and erase the record of my doubts. ||1||Pause||	ਹੇ ਪ੍ਰੀਤਮ ਪ੍ਰਭੂ! ਹੇ ਮਨ ਨੂੰ ਮੋਹ ਲੈਣ ਵਾਲੇ ਪ੍ਰਭੂ! (ਮੇਰੇ ਮਨ ਵਿਚੋਂ ਪਿਛਲੇ ਜਨਮਾਂ ਦੇ) ਭਟਕਣਾ ਦੇ ਸੰਸਕਾਰ ਦੂਰ ਕਰ ॥੧॥ ਰਹਾਉ ॥

52565	1221	ਕਹਤ ਸੁਨਤ ਕਿਛੁ ਸਾਂਤਿ ਨ ਉਪਜਤ ਬਿਨੁ ਬਿਸਾਸ ਕਿਆ ਸੇਖਾਂ॥		Kehath Sunath Kishh Saanth N Oupajath Bin Bisaas Kiaa Saekhaan ||	By speaking and listening, tranquility and peace are not found at all. What can anyone learn without faith?	ਨਿਰੇ ਆਖਣ ਸੁਣਨ ਨਾਲ (ਮਨੁੱਖ ਦੇ ਮਨ ਵਿਚ) ਕੋਈ ਸ਼ਾਂਤੀ ਪੈਦਾ ਨਹੀਂ ਹੁੰਦੀ। ਸਰਧਾ ਤੋਂ ਬਿਨਾ (ਜ਼ਬਾਨੀ ਆਖਣ ਸੁਣਨ ਦਾ) ਕੋਈ ਲਾਭ ਨਹੀਂ ਹੁੰਦਾ।
52566	1221	ਪ੍ਰਭੂ ਤਿਆਗਿ ਆਨ ਜੋ ਚਾਹਤ ਤਾ ਕੈ ਮੁਖਿ ਲਾਗੈ ਕਾਲੇਖਾ॥੧॥	(ਕਾਲੇਖਾ) ਪਾਪਾਂ ਦੀ ਕਾਲਖ	Prabhoo Thiaag Aan Jo Chaahath Thaa Kai Mukh Laagai Kaalaekhaa ||1||	One who renounces God and longs for another - his face is blackened with filth. ||1||	ਜਿਹੜਾ ਮਨੁੱਖ (ਜ਼ਬਾਨੀ ਤਾਂ ਗਿਆਨ ਦੀਆਂ ਬਥੇਰੀਆਂ ਗੱਲਾਂ ਕਰਦਾ ਹੈ, ਪਰ) ਪ੍ਰਭੂ ਨੂੰ ਭੁਲਾ ਕੇ ਹੋਰ ਹੋਰ (ਪਦਾਰਥ) ਲੋੜਦਾ ਰਹਿੰਦਾ ਹੈ, ਉਸ ਦੇ ਮੱਥੇ ਉਤੇ (ਮਾਇਆ ਦੇ ਮੋਹ ਦੀ) ਕਾਲਖ ਲੱਗੀ ਰਹਿੰਦੀ ਹੈ ॥੧॥
52567	1221	ਜਾ ਕੈ ਰਾਸਿ ਸਰਬ ਸੁਖ ਸੁਆਮੀ ਆਨ ਨ ਮਾਨਤ ਭੇਖਾ॥		Jaa Kai Raas Sarab Sukh Suaamee Aan N Maanath Bhaekhaa ||	One who is blessed with the wealth of our Lord and Master, the Embodiment of Peace, does not believe in any other religious doctrine.	ਜਿਸ ਮਨੁੱਖ ਦੇ ਹਿਰਦੇ ਵਿਚ ਸਾਰੇ ਸੁਖ ਦੇਣ ਵਾਲੇ ਪ੍ਰਭੂ ਦੇ ਨਾਮ ਦਾ ਸਰਮਾਇਆ ਹੈ, ਉਹ ਹੋਰ (ਵਿਖਾਵੇ ਦੇ) ਧਾਰਮਿਕ ਭੇਖਾਂ ਨੂੰ ਨਹੀਂ ਮੰਨਦਾ ਫਿਰਦਾ।

52568	1221	ਨਾਨਕ ਦਰਸ ਮਗਨ ਮਨੁ ਮੋਹਿਓ ਪੂਰਨ ਅਰਥ ਬਿਸੇਖਾ॥੨॥੬੫॥੮੮॥		Naanak Dharas Magan Man Mohiou Pooran Arathh Bisaekhaa ||2||65||88||	O Nanak, one whose mind is fascinated and intoxicated with the Blessed Vision of the Lord's Darshan - his tasks are perfectly accomplished. ||2||65||88||	ਹੇ ਨਾਨਕ! ਉਹ ਤਾਂ (ਪ੍ਰਭੂ ਦੇ) ਦਰਸਨ ਵਿਚ ਮਸਤ ਰਹਿੰਦਾ ਹੈ, ਉਸ ਦਾ ਮਨ (ਪ੍ਰਭੂ ਦੇ ਦਰਸਨ ਨਾਲ) ਮੋਹਿਆ ਜਾਂਦਾ ਹੈ। (ਪ੍ਰਭੂ ਦੀ ਕਿਰਪਾ ਨਾਲ) ਉਸ ਦੀਆਂ ਸਾਰੀਆਂ ਲੋੜਾਂ ਉਚੇਚੀਆਂ ਹੁੰਦੀਆਂ ਰਹਿੰਦੀਆਂ ਹਨ ॥੨॥੬੫॥੮੮॥
52569	1221	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52570	1221	ਸਿਮਰਨ ਰਾਮ ਕੋ ਇਕੁ ਨਾਮ॥		Simaran Raam Ko Eik Naam ||	Meditate in remembrance on the Naam, the Name of the One Lord.	ਜੇ ਸਿਰਫ਼ ਪਰਮਾਤਮਾ ਦੇ ਨਾਮ ਦਾ ਸਿਮਰਨ ਹੀ ਕੀਤਾ ਜਾਏ,
52571	1221	ਕਲਮਲ ਦਗਧ ਹੋਹਿ ਖਿਨ ਅੰਤਰਿ ਕੋਟਿ ਦਾਨ ਇਸਨਾਨ॥੧॥ਰਹਾਉ॥	ਦਗ–ਧ	Kalamal Dhagadhh Hohi Khin Anthar Kott Dhaan Eisanaan ||1|| Rehaao ||	In this way, the sins of your past mistakes shall be burnt off in an instant. It is like giving millions in charity, and bathing at sacred shrines of pilgrimage. ||1||Pause||	ਤਾਂ ਇਕ ਖਿਨ ਵਿਚ (ਜੀਵ ਦੇ ਸਾਰੇ) ਪਾਪ ਸੜ ਜਾਂਦੇ ਹਨ (ਉਸ ਨੂੰ, ਮਾਨੋ) ਕ੍ਰੋੜਾਂ ਦਾਨ ਤੇ ਤੀਰਥ-ਇਸ਼ਨਾਨ (ਕਰਨ ਦਾ ਫਲ ਮਿਲ ਗਿਆ) ॥੧॥ ਰਹਾਉ ॥

52572	1221	ਆਨ ਜੰਜਾਰ ਬ੍ਰਿਥਾ ਸ੍ਰਮੁ ਘਾਲਤ ਬਿਨੁ ਹਰਿ ਫੋਕਟ ਗਿਆਨ॥		Aan Janjaar Brithhaa Sram Ghaalath Bin Har Fokatt Giaan ||	Entangled in other affairs, the mortal suffers uselessly in sorrow. Without the Lord, wisdom is useless.	(ਜੇ ਮਨੁੱਖ ਮਾਇਆ ਦੇ ਹੀ) ਹੋਰ ਹੋਰ ਜੰਜਾਲਾਂ ਵਾਸਤੇ ਵਿਅਰਥ ਭੱਜ-ਦੌੜ ਕਰਦਾ ਰਹਿੰਦਾ ਹੈ (ਅਤੇ ਹਰਿ-ਨਾਮ ਨਹੀਂ ਸਿਮਰਦਾ, ਤਾਂ) ਪਰਮਾਤਮਾ ਦੇ ਨਾਮ ਤੋਂ ਬਿਨਾ (ਨਿਰੀਆਂ) ਗਿਆਨ ਦੀਆਂ ਗੱਲਾਂ ਸਭ ਫੋਕੀਆਂ ਹੀ ਹਨ।
52573	1221	ਜਨਮ ਮਰਨ ਸੰਕਟ ਤੇ ਛੂਟੈ ਜਗਦੀਸ ਭਜਨ ਸੁਖ ਧਿਆਨ॥੧॥		Janam Maran Sankatt Thae Shhoottai Jagadhees Bhajan Sukh Dhhiaan ||1||	The mortal is freed of the anguish of death and birth, meditating and vibrating on the Blissful Lord of the Universe. ||1||	ਜਦੋਂ ਮਨੁੱਖ ਪਰਮਾਤਮਾ ਦੇ ਭਜਨ ਦੇ ਆਨੰਦ ਵਿਚ ਸੁਰਤ ਜੋੜਦਾ ਹੈ, ਤਦੋਂ ਹੀ ਉਹ ਜਨਮ ਮਰਨ ਦੇ ਗੇੜ ਦੇ ਕਸ਼ਟ ਤੋਂ ਬਚਦਾ ਹੈ ॥੧॥
52574	1221	ਤੇਰੀ ਸਰਨਿ ਪੂਰਨ ਸੁਖਸਾਗਰ ਕਰਿ ਕਿਰਪਾ ਦੇਵਹੁ ਦਾਨ॥		Thaeree Saran Pooran Sukh Saagar Kar Kirapaa Dhaevahu Dhaan ||	I seek Your Sancutary, O Perfect Lord, Ocean of Peace. Please be merciful, and bless me with this gift.	ਹੇ ਸੁਖਾਂ ਦੇ ਸਮੁੰਦਰ ਪ੍ਰਭੂ! ਹੇ ਪੂਰਨ ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ, ਮਿਹਰ ਕਰ ਕੇ ਮੈਨੂੰ ਆਪਣੇ ਨਾਮ ਦੀ ਦਾਤ ਦੇਹ।
52575	1221	ਸਿਮਰਿ ਸਿਮਰਿ ਨਾਨਕ ਪ੍ਰਭ ਜੀਵੈ ਬਿਨਸਿ ਜਾਇ ਅਭਿਮਾਨ॥੨॥੬੬॥੮੯॥		Simar Simar Naanak Prabh Jeevai Binas Jaae Abhimaan ||2||66||89||	Meditating, meditating in remembrance on God, Nanak lives; his egotistical pride has been eradicated. ||2||66||89||	ਹੇ ਪ੍ਰਭੂ! ਤੇਰਾ ਨਾਮ ਸਿਮਰ ਸਿਮਰ ਕੇ ਨਾਨਕ ਨੂੰ ਆਤਮਕ ਜੀਵਨ ਮਿਲਦਾ ਹੈ, ਅਤੇ (ਮਨ ਵਿਚੋਂ) ਅਹੰਕਾਰ ਨਾਸ ਹੋ ਜਾਂਦਾ ਹੈ ॥੨॥੬੬॥੮੯॥
52576	1221	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52577	1221	ਧੂਰਤੁ ਸੋਈ ਜਿ ਧੁਰ ਕਉ ਲਾਗੈ॥		Dhhoorath Soee J Dhhur Ko Laagai ||	He alone is a Dhoorat, who is attached to the Primal Lord God.	ਉਹੀ ਮਨੁੱਖ (ਅਸਲ) ਚਤੁਰ ਹੈ ਜਿਹੜਾ ਜਗਤ ਦੇ ਮੂਲ-ਪ੍ਰਭੂ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ।
52578	1221	ਸੋਈ ਧੁਰੰਧਰੁ ਸੋਈ ਬਸੁੰਧਰੁ ਹਰਿ ਏਕ ਪ੍ਰੇਮ ਰਸ ਪਾਗੈ॥੧॥ਰਹਾਉ॥	ਦਗ-ਧ। (ਧੁ-ਰੰਧਰੁ) ਸਭ ਤੋਂ ਵੱਡਾ ਬਲਵਾਨ। ਨਾਮ ਧਨ ਵਾਲਾ (ਬ-ਸੁੰ-ਧਰੁ) ਧਨੀ। ਪੱਾਗੈ	Soee Dhhurandhhar Soee Basundhhar Har Eaek Praem Ras Paagai ||1|| Rehaao ||	He alone is a Dhurandhar, and he alone is a Basundhar, who is absorbed in the sublime essence of Love of the One Lord. ||1||Pause||	ਉਹੀ ਮਨੁੱਖ ਮੁਖੀ ਹੈ ਉਹੀ ਮਨੁੱਖ ਧਨੀ ਹੈ, ਜਿਹੜਾ ਸਿਰਫ਼ ਪਰਮਾਤਮਾ ਦੇ ਪਿਆਰ-ਰਸ ਵਿਚ ਮਸਤ ਰਹਿੰਦਾ ਹੈ ॥੧॥ ਰਹਾਉ ॥
52579	1221	ਬਲ ਬੰਚ ਕਰੈ ਨ ਜਾਨੈ ਲਾਭੈ ਸੋ ਧੂਰਤੁ ਨਹੀ ਮੂੜਾ॥	ਬ੍ਰਹਮ ਨਾਲ (ਧੁਰਤੁ) ਪ੍ਰੇਮ ਕਰਨ ਵਾਲਾ	Balabanch Karai N Jaanai Laabhai So Dhhoorath Nehee Moorrhaa ||	One who practices deception and does not know where true profit lies is not a Dhoorat - he is a fool.	ਪਰ, ਜਿਹੜਾ ਮਨੁੱਖ (ਹੋਰਨਾਂ ਨਾਲ) ਠੱਗੀਆਂ ਕਰਦਾ ਹੈ (ਉਹ ਆਪਣਾ ਅਸਲ) ਲਾਭ ਨਹੀਂ ਸਮਝਦਾ, ਉਹ ਚਤੁਰ ਨਹੀਂ ਉਹ ਮੂਰਖ ਹੈ।
52580	1221	ਸੁਆਰਥੁ ਤਿਆਗਿ ਅਸਾਰਥਿ ਰਚਿਓ ਨਹ ਸਿਮਰੈ ਪ੍ਰਭੁ ਰੂੜਾ॥੧॥	ਰੂੜਾ	Suaarathh Thiaag Asaarathh Rachiou Neh Simarai Prabh Roorraa ||1||	He abandons profitable enterprises and is involved in unprofitable ones. He does not meditate on the Beauteous Lord God. ||1||	ਉਹ ਆਪਣੀ ਅਸਲ ਗ਼ਰਜ਼ ਛੱਡ ਕੇ ਘਾਟੇ ਵਾਲੇ ਕੰਮ ਵਿਚ ਰੁੱਝਾ ਰਹਿੰਦਾ ਹੈ, (ਕਿਉਂਕਿ) ਉਹ ਸੁੰਦਰ ਪ੍ਰਭੂ ਦਾ ਨਾਮ ਨਹੀਂ ਸਿਮਰਦਾ ॥੧॥

52581	1221	ਸੋਈ ਚਤੁਰੁ ਸਿਆਣਾ ਪੰਡਿਤੁ ਸੋ ਸੂਰਾ ਸੋ ਦਾਨਾਂ॥		Soee Chathur Siaanaa Panddith So Sooraa So Dhaanaan ||	He alone is clever and wise and a religious scholar, he alone is a brave warrior, and he alone is intelligent,	ਉਹੀ ਮਨੁੱਖ ਚਤੁਰ ਤੇ ਸਿਆਣਾ ਹੈ, ਉਹੀ ਮਨੁੱਖ ਪੰਡਿਤ ਸੂਰਮਾ ਤੇ ਦਾਨਾ ਹੈ,
52582	1221	ਸਾਧਸੰਗਿ ਜਿਨਿ ਹਰਿ ਹਰਿ ਜਪਿਓ ਨਾਨਕ ਸੋ ਪਰਵਾਨਾ॥੨॥੬੭॥੯੦॥		Saadhhasang Jin Har Har Japiou Naanak So Paravaanaa ||2||67||90||	Who chants the Name of the Lord, Har, Har, in the Saadh Sangat, the Company of the Holy. O Nanak, he alone is approved. ||2||67||90||	ਜਿਸ ਨੇ ਸਾਧ ਸੰਗਤ ਵਿਚ ਟਿਕ ਕੇ ਹਰਿ-ਨਾਮ ਜਪਿਆ ਹੈ। ਹੇ ਨਾਨਕ! ਉਹੀ ਮਨੁੱਖ (ਪਰਮਾਤਮਾ ਦੀ ਹਜ਼ੂਰੀ ਵਿਚ) ਕਬੂਲ ਹੁੰਦਾ ਹੈ ॥੨॥੬੭॥੯੦॥
52583	1222	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52584	1222	ਹਰਿ ਹਰਿ ਸੰਤ ਜਨਾ ਕੀ ਜੀਵਨਿ॥		Har Har Santh Janaa Kee Jeevan ||	The Lord, Har, Har, is the life of the humble Saints.	ਸੰਤ ਜਨਾਂ ਦੀ ਇਹੀ ਜ਼ਿੰਦਗੀ ਹੈ-
52585	1222	ਬਿਖੈ ਰਸ ਭੋਗ ਅੰਮ੍ਰਿਤ ਸੁਖਸਾਗਰ ਰਾਮ ਨਾਮ ਰਸੁ ਪੀਵਨਿ॥੧॥ਰਹਾਉ॥		Bikhai Ras Bhog Anmrith Sukh Saagar Raam Naam Ras Peevan ||1|| Rehaao ||	Instead of enjoying corrupt pleasures, they drink in the Ambrosial Essence of the Name of the Lord, the Ocean of Peace. ||1||Pause||	ਪਰਮਾਤਮਾ ਦੇ ਭਗਤ ਆਤਮਕ ਜੀਵਨ ਦੇਣ ਵਾਲੇ ਸੁਖਾਂ ਦੇ ਸਮੁੰਦਰ ਹਰਿ-ਨਾਮ ਦਾ ਰਸ (ਸਦਾ) ਪੀਂਦੇ ਰਹਿੰਦੇ ਹਨ, ਇਹੀ ਉਹਨਾਂ ਵਾਸਤੇ ਦੁਨੀਆ ਵਾਲੇ ਵਿਸ਼ੇ ਭੋਗਾਂ ਦਾ ਸੁਆਦ ਹੈ ॥੧॥ ਰਹਾਉ ॥

52586	1222	ਸੰਚਨਿ ਰਾਮ ਨਾਮ ਧਨੁ ਰਤਨਾ ਮਨ ਤਨ ਭੀਤਰਿ ਸੀਵਨਿ॥		Sanchan Raam Naam Dhhan Rathanaa Man Than Bheethar Seevan ||	They gather up the priceless wealth of the Lord's Name, and weave it into the fabric of their mind and body.	ਸੰਤ ਜਨ ਪਰਮਾਤਮਾ ਦਾ ਨਾਮ-ਧਨ ਇਕੱਠਾ ਕਰਦੇ ਹਨ, ਨਾਮ-ਰਤਨ ਇਕੱਠੇ ਕਰਦੇ ਹਨ, ਅਤੇ ਆਪਣੇ ਮਨ ਵਿਚ ਹਿਰਦੇ ਵਿਚ (ਉਹਨਾਂ ਨੂੰ) ਪ੍ਰੋ ਰੱਖਦੇ ਹਨ।
52587	1222	ਹਰਿ ਰੰਗ ਰਾਂਗ ਭਏ ਮਨ ਲਾਲਾ ਰਾਮ ਨਾਮ ਰਸ ਖੀਵਨਿ॥੧॥		Har Rang Raang Bheae Man Laalaa Raam Naam Ras Kheevan ||1||	Imbued with the Lord's Love, their minds are dyed in the deep crimson color of devotional love; they are intoxicated with the sublime essence of the Lord's Name. ||1||	ਪਰਮਾਤਮਾ ਦੇ ਨਾਮ-ਰੰਗ ਨਾਲ ਰੰਗੀਜ ਕੇ ਉਹਨਾਂ ਦਾ ਮਨ ਗੂੜ੍ਹੇ ਰੰਗ ਵਾਲਾ ਹੋਇਆ ਰਹਿੰਦਾ ਹੈ, ਉਹ ਹਰਿ-ਨਾਮ ਦੇ ਰਸ ਨਾਲ ਮਸਤ ਰਹਿੰਦੇ ਹਨ ॥੧॥
52588	1222	ਜਿਉ ਮੀਨਾ ਜਲ ਸਿਉ ਉਰਝਾਨੋ ਰਾਮ ਨਾਮ ਸੰਗਿ ਲੀਵਨਿ॥		Jio Meenaa Jal Sio Ourajhaano Raam Naam Sang Leevan ||	As the fish is immersed in water, they are absorbed in the Lord's Name.	ਜਿਵੇਂ ਮੱਛੀ ਪਾਣੀ ਨਾਲ ਲਪਟੀ ਰਹਿੰਦੀ ਹੈ (ਪਾਣੀ ਤੋਂ ਬਿਨਾ ਜੀਊ ਨਹੀਂ ਸਕਦੀ) ਤਿਵੇਂ ਸੰਤ ਜਨ ਹਰਿ-ਨਾਮ ਵਿਚ ਲੀਨ ਰਹਿੰਦੇ ਹਨ।

52589	1222	ਨਾਨਕ ਸੰਤ ਚਾਤ੍ਰਿਕ ਕੀ ਨਿਆਈ ਹਰਿ ਬੂੰਦ ਪਾਨ ਸੁਖ ਥੀਵਨਿ॥੨॥੬੮॥੯੧॥		Naanak Santh Chaathrik Kee Niaaee Har Boondh Paan Sukh Thheevan ||2||68||91||	O Nanak, the Saints are like the rainbirds; they are comforted, drinking in the drops of the Lord's Name. ||2||68||91||	ਹੇ ਨਾਨਕ! ਸੰਤ ਜਨ ਪਪੀਹੇ ਵਾਂਗ ਹਨ (ਜਿਵੇਂ ਪਪੀਹਾ ਸ੍ਵਾਂਤੀ ਨਛੱਤ੍ਰ ਦੀ ਵਰਖਾ ਦੀ ਬੂੰਦ ਪੀ ਕੇ ਤ੍ਰਿਪਤ ਹੁੰਦਾ ਹੈ, ਤਿਵੇਂ ਸੰਤ ਜਨ) ਪਰਮਾਤਮਾ ਦੇ ਨਾਮ ਦੀ ਬੂੰਦ ਪੀ ਕੇ ਸੁਖੀ ਹੁੰਦੇ ਹਨ ॥੨॥੬੮॥੯੧॥
52590	1222	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52591	1222	ਹਰਿ ਕੇ ਨਾਮ ਹੀਨ ਬੇਤਾਲ॥		Har Kae Naameheen Baethaal ||	Without the Name of the Lord, the mortal is a ghost.	ਪਰਮਾਤਮਾ ਦੇ ਨਾਮ ਤੋਂ ਜੋ ਮਨੁੱਖ ਸੱਖਣੇ ਰਹਿੰਦੇ ਹਨ (ਆਤਮਕ ਜੀਵਨ ਦੀ ਕਸਵੱਟੀ ਅਨੁਸਾਰ) ਉਹ ਭੂਤ-ਪ੍ਰੇਤ ਹੀ ਹਨ।
52592	1222	ਜੇਤਾ ਕਰਨ ਕਰਾਵਨ ਤੇਤਾ ਸਭਿ ਬੰਧਨ ਜੰਜਾਲ॥੧॥ਰਹਾਉ॥		Jaethaa Karan Karaavan Thaethaa Sabh Bandhhan Janjaal ||1|| Rehaao ||	All the actions he commits are just shackles and bonds. ||1||Pause||	(ਅਜਿਹੇ ਮਨੁੱਖ) ਜਿਤਨਾ ਕੁਝ ਕਰਦੇ ਹਨ ਜਾਂ ਕਰਾਂਦੇ ਹਨ, ਉਹਨਾਂ ਦੇ ਉਹ ਸਾਰੇ ਕੰਮ ਮਾਇਆ ਦੀਆਂ ਫਾਹੀਆਂ ਮਾਇਆ ਦੇ ਜੰਜਾਲ (ਵਧਾਂਦੇ ਹਨ) ॥੧॥ ਰਹਾਉ ॥
52593	1222	ਬਿਨੁ ਪ੍ਰਭ ਸੇਵ ਕਰਤ ਅਨ ਸੇਵਾ ਬਿਰਥਾ ਕਾਟੈ ਕਾਲ॥		Bin Prabh Saev Karath An Saevaa Birathhaa Kaattai Kaal ||	Without serving God, one who serves another wastes his time uselessly.	ਪਰਮਾਤਮਾ ਦੀ ਭਗਤੀ ਤੋਂ ਬਿਨਾ ਹੋਰ ਹੋਰ ਦੀ ਸੇਵਾ ਕਰਦਿਆਂ (ਮਨੁੱਖ ਆਪਣੀ ਜ਼ਿੰਦਗੀ ਦਾ) ਸਮਾ ਵਿਅਰਥ ਬਿਤਾਂਦਾ ਹੈ।

52594	1222	ਜਬ ਜਮੁ ਆਇ ਸੰਘਾਰੈ ਪ੍ਰਾਨੀ ਤਬ ਤੁਮਰੋ ਕਉਨੁ ਹਵਾਲ॥੧॥		Jab Jam Aae Sanghaarai Praanee Thab Thumaro Koun Havaal ||1||	When the Messenger of Death comes to kill you, O mortal, what will your condition be then? ||1||	ਹੇ ਪ੍ਰਾਣੀ! (ਜੇ ਤੂੰ ਹਰਿ-ਨਾਮ ਤੋਂ ਬਿਨਾ ਹੀ ਰਿਹਾ, ਤਾਂ) ਜਦੋਂ ਜਮਰਾਜ ਆ ਕੇ ਮਾਰਦਾ ਹੈ, ਤਦੋਂ (ਸੋਚ) ਤੇਰਾ ਕੀਹ ਹਾਲ ਹੋਵੇਗਾ? ॥੧॥
52595	1222	ਰਾਖਿ ਲੇਹੁ ਦਾਸ ਅਪੁਨੇ ਕਉ ਸਦਾ ਸਦਾ ਕਿਰਪਾਲ॥		Raakh Laehu Dhaas Apunae Ko Sadhaa Sadhaa Kirapaal ||	Please protect Your slave, O Eternally Merciful Lord.	ਹੇ ਸਦਾ ਹੀ ਦਇਆ ਦੇ ਸੋਮੇ! ਆਪਣੇ ਦਾਸ (ਨਾਨਕ) ਦੀ ਆਪ ਰੱਖਿਆ ਕਰ (ਤੇ, ਆਪਣਾ ਨਾਮ ਬਖ਼ਸ਼)।
52596	1222	ਸੁਖ ਨਿਧਾਨ ਨਾਨਕ ਪ੍ਰਭੁ ਮੇਰਾ ਸਾਧਸੰਗਿ ਧਨ ਮਾਲ॥੨॥੬੯॥੯੨॥		Sukh Nidhhaan Naanak Prabh Maeraa Saadhhasang Dhhan Maal ||2||69||92||	O Nanak, my God is the Treasure of Peace; He is the wealth and property of the Saadh Sangat, the Company of the Holy. ||2||69||92||	ਹੇ ਨਾਨਕ! ਮੇਰਾ ਪ੍ਰਭੂ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ, ਉਸ ਦਾ ਨਾਮ-ਧਨ ਸਾਧ ਸੰਗਤ ਵਿਚ ਹੀ ਮਿਲਦਾ ਹੈ ॥੨॥੬੯॥੯੨॥
52597	1222	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52598	1222	ਮਨਿ ਤਨਿ ਰਾਮ ਕੋ ਬਿਉਹਾਰੁ॥		Man Than Raam Ko Biouhaar ||	My mind and body deal only in the Lord.	ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਹਿਰਦੇ ਵਿਚ (ਸਦਾ) ਪਰਮਾਤਮਾ ਦਾ (ਨਾਮ ਸਿਮਰਨ ਦਾ ਹੀ) ਆਹਰ ਹੈ,

52599	1222	ਪ੍ਰੇਮ ਭਗਤਿ ਗੁਨ ਗਾਵਨ ਗੀਧੇ ਪੋਹਤ ਨਹ ਸੰਸਾਰੁ॥੧॥ਰਹਾਉ॥		Praem Bhagath Gun Gaavan Geedhhae Pohath Neh Sansaar ||1|| Rehaao ||	Imbued with loving devotional worship, I sing His Glorious Praises; I am not affected by worldly affairs. ||1||Pause||	ਜਿਹੜੇ ਮਨੁੱਖ ਪ੍ਰਭੂ-ਪ੍ਰੇਮ ਅਤੇ ਹਰਿ-ਭਗਤੀ (ਦੇ ਮਤਵਾਲੇ ਹਨ) ਜੋ ਪ੍ਰਭੂ ਦੇ ਗੁਣ ਗਾਣ ਵਿਚ ਗਿੱਝੇ ਹੋਏ ਹਨ, ਉਹਨਾਂ ਨੂੰ ਜਗਤ (ਦਾ ਮੋਹ) ਪੋਹ ਨਹੀਂ ਸਕਦਾ ॥੧॥ ਰਹਾਉ ॥
52600	1222	ਸ੍ਰਵਣੀ ਕੀਰਤਨੁ ਸਿਮਰਨੁ ਸੁਆਮੀ ਇਹੁ ਸਾਧ ਕੋ ਆਚਾਰੁ॥		Sravanee Keerathan Simaran Suaamee Eihu Saadhh Ko Aachaar ||	This is the way of life of the Holy Saint: he listens to the Kirtan, the Praises of his Lord and Master, and meditates in remembrance on Him.	ਕੰਨਾਂ ਨਾਲ ਮਾਲਕ-ਪ੍ਰਭੂ ਦੀ ਸਿਫ਼ਤ-ਸਾਲਾਹ ਸੁਣਨੀ, (ਜੀਭ ਨਾਲ ਮਾਲਕ ਦਾ ਨਾਮ) ਸਿਮਰਨਾ-ਸੰਤ ਜਨਾਂ ਦੀ ਇਹ ਨਿੱਤ ਦੀ ਕਾਰ ਹੋਇਆ ਕਰਦੀ ਹੈ।
52601	1222	ਚਰਨਕਮਲ ਅਸਥਿਤਿ ਰਿਦ ਅੰਤਰਿ ਪੂਜਾ ਪ੍ਰਾਨ ਕੋ ਆਧਾਰੁ॥੧॥		Charan Kamal Asathhith Ridh Anthar Poojaa Praan Ko Aadhhaar ||1||	He implants the Lord's Lotus Feet deep within his heart; worship of the Lord is the support of his breath of life. ||1||	ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦੇ ਸੋਹਣੇ ਚਰਨਾਂ ਦਾ ਸਦਾ ਟਿਕਾਉ ਬਣਿਆ ਰਹਿੰਦਾ ਹੈ, ਪ੍ਰਭੂ ਦੀ ਪੂਜਾ-ਭਗਤੀ ਉਹਨਾਂ ਦੇ ਪ੍ਰਾਣਾਂ ਦਾ ਆਸਰਾ ਹੁੰਦਾ ਹੈ ॥੧॥
52602	1222	ਪ੍ਰਭ ਦੀਨ ਦਇਆਲ ਸੁਨਹੁ ਬੇਨੰਤੀ ਕਿਰਪਾ ਅਪਨੀ ਧਾਰੁ॥		Prabh Dheen Dhaeiaal Sunahu Baenanthee Kirapaa Apanee Dhhaar ||	O God, Merciful to the meek, please hear my prayer, and shower Your Blessings upon me.	ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! (ਮੇਰੀ) ਬੇਨਤੀ ਸੁਣ, (ਮੇਰੇ ਉਤੇ) ਆਪਣੀ ਮਿਹਰ ਕਰ!

52603	1222	ਨਾਮੁ ਨਿਧਾਨੁ ਉਚਰਉ ਨਿਤ ਰਸਨਾ ਨਾਨਕ ਸਦ ਬਲਿਹਾਰੁ॥੨॥੭੦॥੯੩॥	ਉੱਚਰਉ	Naam Nidhhaan Oucharo Nith Rasanaa Naanak Sadh Balihaar ||2||70||93||	I continually chant the treasure of the Naam with my tongue; Nanak is forever a sacrifice. ||2||70||93||	ਨਾਨਕ ਆਖਦਾ ਹੈ- ਤੇਰਾ ਨਾਮ ਹੀ (ਮੇਰੇ ਵਾਸਤੇ ਸਭ ਪਦਾਰਥਾਂ ਦਾ) ਖ਼ਜ਼ਾਨਾ ਹੈ (ਮਿਹਰ ਕਰ, ਮੈਂ ਇਹ ਨਾਮ) ਜੀਭ ਨਾਲ ਸਦਾ ਉਚਰਦਾ ਰਹਾਂ, ਅਤੇ ਤੈਥੋਂ ਸਦਾ ਸਦਕੇ ਹੁੰਦਾ ਰਹਾਂ ॥੨॥੭੦॥੯੩॥
52604	1222	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52605	1222	ਹਰਿ ਕੇ ਨਾਮ ਹੀਨ ਮਤਿ ਥੋਰੀ॥		Har Kae Naameheen Math Thhoree ||	Without the Name of the Lord, his intellect is shallow.	ਜਿਹੜੇ ਮਨੁੱਖ ਪਰਮਾਤਮਾ ਦੇ ਨਾਮ ਤੋਂ ਵਾਂਝੇ ਰਹਿੰਦੇ ਹਨ, ਉਹਨਾਂ ਦੀ ਮੱਤ ਹੋਛੀ ਜਿਹੀ ਹੀ ਬਣ ਜਾਂਦੀ ਹੈ।
52606	1222	ਸਿਮਰਤ ਨਾਹਿ ਸਿਰੀਧਰ ਠਾਕੁਰ ਮਿਲਤ ਅੰਧ ਦੁਖ ਘੋਰੀ॥੧॥ਰਹਾਉ॥	(ਘੋਰੀ) ਭਿਆਨਕ। ਸਿਰੀ-ਧਰ	Simarath Naahi Sireedhhar Thaakur Milath Andhh Dhukh Ghoree ||1|| Rehaao ||	He does not meditate in remembrance on the Lord, his Lord and Master; the blind fool suffers in terrible agony. ||1||Pause||	ਉਹ ਲੱਖਮੀ-ਪਤੀ ਮਾਲਕ-ਪ੍ਰਭੂ ਦਾ ਨਾਮ ਨਹੀਂ ਸਿਮਰਦੇ। ਮਾਇਆ ਦੇ ਮੋਹ ਵਿਚ ਅੰਨ੍ਹੇ ਹੋ ਚੁਕੇ ਉਹਨਾਂ ਮਨੁੱਖਾਂ ਨੂੰ ਭਿਆਨਕ (ਆਤਮਕ) ਦੁੱਖ-ਕਲੇਸ ਵਾਪਰਦੇ ਰਹਿੰਦੇ ਹਨ ॥੧॥ ਰਹਾਉ ॥
52607	1222	ਹਰਿ ਕੇ ਨਾਮ ਸਿਉ ਪ੍ਰੀਤਿ ਨ ਲਾਗੀ ਅਨਿਕ ਭੇਖ ਬਹੁ ਜੋਰੀ॥		Har Kae Naam Sio Preeth N Laagee Anik Bhaekh Bahu Joree ||	He does not embrace love for the Name of the Lord; he is totally attached to various religious robes.	ਜਿਹੜੇ ਮਨੁੱਖ ਪਰਮਾਤਮਾ ਦੇ ਨਾਮ ਨਾਲ ਪਿਆਰ ਨਹੀਂ ਪਾਂਦੇ, ਪਰ ਅਨੇਕਾਂ ਧਾਰਮਿਕ ਭੇਖਾਂ ਨਾਲ ਪ੍ਰੀਤ ਜੋੜੀ ਰੱਖਦੇ ਹਨ,

52608	1222	ਤੂਟਤ ਬਾਰ ਨ ਲਾਗੈ ਤਾ ਕਉ ਜਿਉ ਗਾਗਰਿ ਜਲ ਫੋਰੀ॥੧॥		Thoottath Baar N Laagai Thaa Ko Jio Gaagar Jal Foree ||1||	His attachments are shattered in an instant; when the pitcher is broken, the water runs out. ||1||	ਉਹਨਾਂ ਦੀ ਇਸ ਪ੍ਰੀਤ ਦੇ ਟੁੱਟਦਿਆਂ ਚਿਰ ਨਹੀਂ ਲੱਗਦਾ, ਜਿਵੇਂ ਟੁੱਟੀ ਹੋਈ ਗਾਗਰ ਵਿਚ ਪਾਣੀ ਨਹੀਂ ਠਹਿਰ ਸਕਦਾ ॥੧॥
52609	1222	ਕਰਿ ਕਿਰਪਾ ਭਗਤਿ ਰਸੁ ਦੀਜੈ ਮਨੁ ਖਚਿਤ ਪ੍ਰੇਮ ਰਸ ਖੋਰੀ॥	(ਖੱਚਿਤ) ਲਿਵਲੀਨ। (ਖੋਰੀ) ਖੁਮਾਰੀ	Kar Kirapaa Bhagath Ras Dheejai Man Khachith Praem Ras Khoree ||	Please bless me, that I may worship You in loving devotion. My mind is absorbed and intoxicated with Your Delicious Love.	ਹੇ ਪ੍ਰਭੂ! ਮਿਹਰ ਕਰ, ਮੈਨੂੰ ਆਪਣੀ ਭਗਤੀ ਦਾ ਸੁਆਦ ਬਖ਼ਸ਼, ਮੇਰਾ ਮਨ ਤੇਰੇ ਪ੍ਰੇਮ-ਰਸ ਦੀ ਖ਼ੁਮਾਰੀ ਵਿਚ ਮਸਤ ਰਹੇ।
52610	1222	ਨਾਨਕ ਦਾਸ ਤੇਰੀ ਸਰਣਾਈ ਪ੍ਰਭ ਬਿਨੁ ਆਨ ਨ ਹੋਰੀ॥੨॥੭੧॥੯੪॥		Naanak Dhaas Thaeree Saranaaee Prabh Bin Aan N Horee ||2||71||94||	Nanak, Your slave, has entered Your Sanctuary; without God, there is no other at all. ||2||71||94||	(ਤੇਰਾ) ਦਾਸ ਨਾਨਕ ਤੇਰੀ ਸਰਨ ਆਇਆ ਹੈ। ਹੇ ਪ੍ਰਭੂ! ਤੈਥੋਂ ਬਿਨਾ ਮੇਰਾ ਕੋਈ ਹੋਰ ਦੂਜਾ ਸਹਾਰਾ ਨਹੀਂ ਹੈ ॥੨॥੭੧॥੯੪॥
52611	1222	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52612	1222	ਚਿਤਵਉ ਵਾ ਅਉਸਰ ਮਨ ਮਾਹਿ॥		Chithavo Vaa Aousar Man Maahi ||	In my mind, I think about that moment,	ਮੈਂ ਤਾਂ ਆਪਣੇ ਮਨ ਵਿਚ ਉਸ ਮੌਕੇ ਨੂੰ ਉਡੀਕਦਾ ਰਹਿੰਦਾ ਹਾਂ,

52613	1222	ਹੋਇ ਇਕਤ੍ਰ ਮਿਲਹੁ ਸੰਤ ਸਾਜਨ ਗੁਣ ਗੋਬਿੰਦ ਨਿਤ ਗਾਹਿ॥੧॥ਰਹਾਉ॥	ਇ-ਕੱਤ੍ਰ	Hoe Eikathr Milahu Santh Saajan Gun Gobindh Nith Gaahi ||1|| Rehaao ||	When I join the Gathering of the Friendly Saints, constantly singing the Glorious Praises of the Lord of the Universe. ||1||Pause||	ਜਦੋਂ ਮੈਂ ਸੰਤਾਂ ਸੱਜਣਾਂ ਨੂੰ ਮਿਲਾਂ ਜਿਹੜੇ ਨਿੱਤ ਇਕੱਠੇ ਹੋ ਕੇ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ ॥੧॥ ਰਹਾਉ ॥
52614	1222	ਬਿਨੁ ਹਰਿ ਭਜਨ ਜੇਤੇ ਕਾਮ ਕਰੀਅਹਿ ਤੇਤੇ ਬਿਰਥੇ ਜਾਂਹਿ॥	ਕਰੀ-ਅਹਿ	Bin Har Bhajan Jaethae Kaam Kareeahi Thaethae Birathhae Jaanhi ||	Without vibrating and meditating on the Lord, whatever deeds you do will be useless.	ਪਰਮਾਤਮਾ ਦੇ ਭਜਨ ਤੋਂ ਬਿਨਾ ਹੋਰ ਜਿਤਨੇ ਭੀ ਕੰਮ ਕੀਤੇ ਜਾਂਦੇ ਹਨ, ਉਹ ਸਾਰੇ (ਜਿੰਦ ਦੇ ਭਾ ਦੇ) ਵਿਅਰਥ ਚਲੇ ਜਾਂਦੇ ਹਨ।
52615	1222	ਪੂਰਨ ਪਰਮਾਨੰਦ ਮਨਿ ਮੀਠੋ ਤਿਸੁ ਬਿਨੁ ਦੂਸਰ ਨਾਹਿ॥੧॥		Pooran Paramaanandh Man Meetho This Bin Dhoosar Naahi ||1||	The Perfect Embodiment of Supreme Bliss is so sweet to my mind. Without Him, there is no other at all. ||1||	ਸਰਬ-ਵਿਆਪਕ ਅਤੇ ਸਭ ਤੋਂ ਉੱਚੇ ਆਨੰਦ ਦੇ ਮਾਲਕ ਦਾ ਨਾਮ ਮਨ ਵਿਚ ਮਿੱਠਾ ਲੱਗਣਾ- ਇਹੀ ਹੈ ਅਸਲ ਲਾਹੇਵੰਦਾ ਕੰਮ, (ਕਿਉਂਕਿ) ਉਸ ਪਰਮਾਤਮਾ ਤੋਂ ਬਿਨਾ ਹੋਰ ਕੋਈ (ਸਾਥੀ) ਨਹੀਂ ਹੈ ॥੧॥

52616	1222	ਜਪ ਤਪ ਸੰਜਮ ਕਰਮ ਸੁਖ ਸਾਧਨ ਤੁਲਿ ਨ ਕਛੂਐ ਲਾਹਿ॥		Jap Thap Sanjam Karam Sukh Saadhhan Thul N Kashhooai Laahi ||	Chanting, deep meditation, austere self-discipline, good deeds and other techniques to being peace - they are not equal to even a tiny bit of the Lord's Name.	ਜਪ ਤਪ ਸੰਜਮ ਆਦਿਕ ਹਠ-ਕਰਮ ਅਤੇ ਸੁਖ ਦੀ ਭਾਲ ਦੇ ਹੋਰ ਸਾਧਨ-ਪਰਮਾਤਮਾ ਦੇ ਨਾਮ ਦੀ ਬਰਾਬਰੀ ਨਹੀਂ ਕਰ ਸਕਦੇ ਤੇ ਸੰਤ ਜਨ ਇਹਨਾਂ ਨੂੰ ਕੁਝ ਭੀ ਨਹੀਂ ਸਮਝਦੇ (ਤੁੱਛ ਸਮਝਦੇ ਹਨ)।
52617	1222	ਚਰਨਕਮਲ ਨਾਨਕ ਮਨੁ ਬੇਧਿਓ ਚਰਨਹ ਸੰਗਿ ਸਮਾਹਿ॥੨॥੭੨॥੯੫॥		Charan Kamal Naanak Man Baedhhiou Charaneh Sang Samaahi ||2||72||95||	Nanak's mind is pierced through by the Lotus Feet of the Lord; it is absorbed in His Lotus Feet. ||2||72||95||	ਹੇ ਨਾਨਕ! ਸੰਤ ਜਨਾਂ ਦਾ ਮਨ ਪਰਮਾਤਮਾ ਦੇ ਸੋਹਣੇ ਚਰਨਾਂ ਵਿਚ ਵਿੱਝਿਆ ਰਹਿੰਦਾ ਹੈ, ਸੰਤ ਜਨ ਪਰਮਾਤਮਾ ਦੇ ਚਰਨਾਂ ਵਿਚ ਹੀ ਲੀਨ ਰਹਿੰਦੇ ਹਨ ॥੨॥੭੨॥੯੫॥
52618	1222	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52619	1222	ਮੇਰਾ ਪ੍ਰਭੁ ਸੰਗੇ ਅੰਤਰਜਾਮੀ॥		Maeraa Prabh Sangae Antharajaamee ||	My God is always with me; He is the Inner-knower, the Searcher of hearts.	ਸਭ ਦੇ ਦਿਲ ਦੀ ਜਾਣਨ ਵਾਲਾ ਮੇਰਾ ਪ੍ਰਭੂ (ਹਰ ਵੇਲੇ ਮੇਰੇ) ਨਾਲ ਹੈ-

52620	1222	ਆਗੈ ਕੁਸਲ ਪਾਛੈ ਖੇਮ ਸੂਖਾ ਸਿਮਰਤ ਨਾਮੁ ਸੁਆਮੀ॥੧॥ਰਹਾਉ ॥		Aagai Kusal Paashhai Khaem Sookhaa Simarath Naam Suaamee ||1|| Rehaao ||	I find happiness in the world hereafter, and peace and pleasure in this world, meditating in remembrance on the Name of my Lord and Master. ||1||Pause||	(ਜਿਸ ਮਨੁੱਖ ਨੂੰ ਅਜਿਹਾ ਨਿਸਚਾ ਬਣ ਜਾਂਦਾ ਹੈ, ਉਸ ਨੂੰ) ਮਾਲਕ-ਪ੍ਰਭੂ ਦਾ ਨਾਮ ਸਿਮਰਦਿਆਂ ਪਰਲੋਕ ਤੇ ਇਸ ਲੋਕ ਵਿਚ ਸਦਾ ਸੁਖ-ਆਨੰਦ ਬਣਿਆ ਰਹਿੰਦਾ ਹੈ ॥੧॥ ਰਹਾਉ ॥
52621	1223	ਸਾਜਨ ਮੀਤ ਸਖਾ ਹਰਿ ਮੇਰੈ ਗੁਨ ਗੋਪਾਲ ਹਰਿ ਰਾਇਆ॥	ਗੋ: ਹੋੜੇ ਔਂਕੜ ਵਿਚਾਲੇ ਬੋਲੋ	Saajan Meeth Sakhaa Har Maerai Gun Guopaal Har Raaeiaa ||	The Lord is my Best Friend, my Buddy, my Companion. I sing the Glorious Praises of my Sovereign Lord King.	(ਉਸ ਨੂੰ ਇਹ ਨਿਸਚਾ ਰਹਿੰਦਾ ਹੈ ਕਿ) ਪ੍ਰਭੂ ਹੀ ਮੇਰੇ ਵਾਸਤੇ ਸੱਜਣ ਮਿੱਤਰ ਹੈ, ਗੋਪਾਲ ਪ੍ਰਭੂ ਪਾਤਿਸ਼ਾਹ ਦੇ ਗੁਣ ਹੀ ਮੇਰੇ ਸਾਥੀ ਹਨ।
52622	1223	ਬਿਸਰਿ ਨ ਜਾਈ ਨਿਮਖ ਹਿਰਦੈ ਤੇ ਪੂਰੈ ਗੁਰੂ ਮਿਲਾਇਆ॥੧॥		Bisar N Jaaee Nimakh Hiradhai Thae Poorai Guroo Milaaeiaa ||1||	I shall not forget Him in my heart, even for an instant; I have met with the Perfect Guru. ||1||	ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਪਰਮਾਤਮਾ ਨਾਲ ਮਿਲਾ ਦਿੱਤਾ, ਉਸ ਦੇ ਹਿਰਦੇ ਤੋਂ ਪਰਮਾਤਮਾ ਦੀ ਯਾਦ ਅੱਖ ਝਮਕਣ ਜਿਤਨੇ ਸਮੇ ਲਈ ਭੀ ਨਹੀਂ ਭੁੱਲਦੀ ॥੧॥
52623	1223	ਕਰਿ ਕਿਰਪਾ ਰਾਖੇ ਦਾਸ ਅਪਨੇ ਜੀਅ ਜੰਤ ਵਸਿ ਜਾ ਕੈ॥	ਵੱਸਿ	Kar Kirapaa Raakhae Dhaas Apanae Jeea Janth Vas Jaa Kai ||	In His Mercy, He protects His slave; all beings and creatures are in His Power.	ਜਿਸ ਪਰਮਾਤਮਾ ਦੇ ਵੱਸ ਵਿਚ ਸਾਰੇ ਜੀਅ ਜੰਤ ਹਨ, ਉਹ ਮਿਹਰ ਕਰ ਕੇ ਆਪਣੇ ਦਾਸਾਂ ਦੀ ਰੱਖਿਆ ਆਪ ਕਰਦਾ ਆਇਆ ਹੈ।

52624	1223	ੲੇਕਾ ਲਿਵ ਪੂਰਨ ਪਰਮੇਸੁਰ ਭਉ ਨਹੀ ਨਾਨਕ ਤਾ ਕੈ॥੨॥੭੩॥੯੬॥		Eaekaa Liv Pooran Paramaesur Bho Nehee Naanak Thaa Kai ||2||73||96||	One who is lovingly attuned to the One, the Perfect Transcendent Lord God, O Nanak, is rid of all fear. ||2||73||96||	ਹੇ ਨਾਨਕ! ਜਿਸ ਮਨੁੱਖ ਦੇ ਅੰਦਰ ਸਰਬ-ਵਿਆਪਕ ਪਰਮਾਤਮਾ ਦੀ ਹੀ ਹਰ ਵੇਲੇ ਪ੍ਰੀਤ ਹੈ, ਉਸ ਦੇ ਮਨ ਵਿਚ (ਕਿਸੇ ਤਰ੍ਹਾਂ ਦਾ ਕੋਈ) ਡਰ ਨਹੀਂ ਰਹਿੰਦਾ ॥੨॥੭੩॥੯੬॥
52625	1223	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52626	1223	ਜਾ ਕੈ ਰਾਮ ਕੋ ਬਲੁ ਹੋਇ॥		Jaa Kai Raam Ko Bal Hoe ||	One who has the Lord's Power on his side	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦੀ ਮਿਹਰ ਦਾ ਸਹਾਰਾ ਹੁੰਦਾ ਹੈ,
52627	1223	ਸਗਲ ਮਨੋਰਥ ਪੂਰਨ ਤਾਹੂ ਕੇ ਦੂਖੁ ਨ ਬਿਆਪੈ ਕੋਇ॥੧॥ਰਹਾਉ॥		Sagal Manorathh Pooran Thaahoo Kae Dhookh N Biaapai Koe ||1|| Rehaao ||	- all his desires are fulfilled, and no pain afflicts him. ||1||Pause||	ਉਸ ਮਨੁੱਖ ਦੇ ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ, ਉਸ ਉੱਤੇ ਕੋਈ ਦੁੱਖ ਆਪਣਾ ਜ਼ੋਰ ਨਹੀਂ ਪਾ ਸਕਦਾ ॥੧॥ ਰਹਾਉ ॥
52628	1223	ਜੋ ਜਨੁ ਭਗਤੁ ਦਾਸੁ ਨਿਜੁ ਪ੍ਰਭ ਕਾ ਸੁਣਿ ਜੀਵਾਂ ਤਿਸੁ ਸੋਇ॥		Jo Jan Bhagath Dhaas Nij Prabh Kaa Sun Jeevaan This Soe ||	That humble devotee is a slave of his God, who listens to Him, and so lives.	ਜਿਹੜਾ ਮਨੁੱਖ ਪਰਮਾਤਮਾ ਦਾ ਖ਼ਾਸ ਆਪਣਾ ਦਾਸ ਭਗਤ ਬਣ ਜਾਂਦਾ ਹੈ, ਮੈਂ ਉਸ ਦੀ ਸੋਭਾ ਸੁਣ ਕੇ ਆਤਮਕ ਜੀਵਨ ਹਾਸਲ ਕਰਦਾ ਹਾਂ।

52629	1223	ਉਦਮੁ ਕਰਉ ਦਰਸਨੁ ਪੇਖਨ ਕੌ ਕਰਮਿ ਪਰਾਪਤਿ ਹੋਇ॥੧॥		Oudham Karo Dharasan Paekhan Ka Karam Paraapath Hoe ||1||	I have made the effort to gaze upon the Blessed Vision of His Darshan; it is obtained only by good karma. ||1||	ਮੈਂ ਉਸ ਦਾ ਦਰਸਨ ਕਰਨ ਵਾਸਤੇ ਜਤਨ ਕਰਦਾ ਹਾਂ। ਪਰ (ਸੰਤ ਜਨ ਦਾ ਦਰਸਨ ਭੀ ਪਰਮਾਤਮਾ ਦੀ) ਮਿਹਰ ਨਾਲ ਹੀ ਹੁੰਦਾ ਹੈ ॥੧॥
52630	1223	ਗੁਰ ਪਰਸਾਦੀ ਦ੍ਰਿਸਟਿ ਨਿਹਾਰਉ ਦੂਸਰ ਨਾਹੀ ਕੋਇ॥		Gur Parasaadhee Dhrisatt Nihaaro Dhoosar Naahee Koe ||	It is only by Guru's Grace that I see His Vision with my eyes which none can equal.	ਗੁਰੂ ਦੀ ਮਿਹਰ ਦਾ ਸਦਕਾ ਮੈਂ ਆਪਣੀ ਅੱਖੀਂ ਵੇਖ ਰਿਹਾ ਹਾਂ ਕਿ (ਪਰਮਾਤਮਾ ਦੇ ਬਰਾਬਰ ਦਾ) ਕੋਈ ਹੋਰ ਦੂਜਾ ਨਹੀਂ ਹੈ।
52631	1223	ਦਾਨੁ ਦੇਹਿ ਨਾਨਕ ਅਪਨੇ ਕਉ ਚਰਨ ਜੀਵਾਂ ਸੰਤ ਧੋਇ॥੨॥੭੪॥੯੭॥		Dhaan Dhaehi Naanak Apanae Ko Charan Jeevaan Santh Dhhoe ||2||74||97||	Please bless Nanak with this Gift, that he may wash the Feet of the Saints, and so live. ||2||74||97||	ਹੇ ਨਾਨਕ! ਮੈਨੂੰ ਆਪਣੇ ਦਾਸ ਨੂੰ ਇਹ ਖ਼ੈਰ ਪਾ ਕਿ ਮੈਂ ਸੰਤ ਜਨਾਂ ਦੇ ਚਰਨ ਧੋ ਧੋ ਕੇ ਆਤਮਕ ਜੀਵਨ ਪ੍ਰਾਪਤ ਕਰਦਾ ਰਹਾਂ ॥੨॥੭੪॥੯੭॥
52632	1223	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52633	1223	ਜੀਵਤੁ ਰਾਮ ਕੇ ਗੁਣ ਗਾਇ॥		Jeevath Raam Kae Gun Gaae ||	I live by singing the Glorious Praises of the Lord.	ਪਰਮਾਤਮਾ ਦੇ ਗੁਣ ਗਾ ਗਾ ਕੇ (ਮਨੁੱਖ) ਆਤਮਕ ਜੀਵਨ ਹਾਸਲ ਕਰ ਲੈਂਦਾ ਹੈ।

52634	1223	ਕਰਹੁ ਕ੍ਰਿਪਾ ਗੋਪਾਲ ਬੀਠੁਲੇ ਬਿਸਰਿ ਨ ਕਬ ਹੀ ਜਾਇ॥੧॥ਰਹਾਉ॥		Karahu Kirapaa Gopaal Beethulae Bisar N Kab Hee Jaae ||1|| Rehaao ||	Please be Merciful to me, O my Loving Lord of the Universe, that I may never forget You. ||1||Pause||	ਹੇ ਸ੍ਰਿਸ਼ਟੀ ਦੇ ਪਾਲਕ! ਹੇ ਨਿਰਲੇਪ ਪ੍ਰਭੂ! (ਮੇਰੇ ਉੱਤੇ) ਮਿਹਰ ਕਰ, (ਮੈਨੂੰ ਤੇਰਾ ਨਾਮ) ਕਦੇ ਭੀ ਨਾਹ ਭੁੱਲੇ ॥੧॥ ਰਹਾਉ ॥
52635	1223	ਮਨੁ ਤਨੁ ਧਨੁ ਸਭੁ ਤੁਮਰਾ ਸੁਆਮੀ ਆਨ ਨ ਦੂਜੀ ਜਾਇ॥		Man Than Dhhan Sabh Thumaraa Suaamee Aan N Dhoojee Jaae ||	My mind, body, wealth and all are Yours, O my Lord and Master; there is nowhere else for me at all.	ਹੇ (ਮੇਰੇ) ਮਾਲਕ! ਮੇਰਾ ਮਨ ਮੇਰਾ ਸਰੀਰ ਮੇਰਾ ਧਨ-ਇਹ ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ। (ਤੈਥੋਂ ਬਿਨਾ) ਮੇਰਾ ਕੋਈ ਹੋਰ ਆਸਰਾ ਨਹੀਂ ਹੈ।
52636	1223	ਜਿਉ ਤੂ ਰਾਖਹਿ ਤਿਵ ਹੀ ਰਹਣਾ ਤੁਮ੍ਰਾ ਪੈਨ੍ਹੈ ਖਾਇ॥੧॥		Jio Thoo Raakhehi Thiv Hee Rehanaa Thumharaa Painaih Khaae ||1||	As You keep me, so do I survive; I eat and I wear whatever You give me. ||1||	ਜਿਵੇਂ ਤੂੰ ਰੱਖਦਾ ਹੈਂ, ਤਿਵੇਂ ਹੀ (ਜੀਵ) ਰਹਿ ਸਕਦੇ ਹਨ। (ਹਰੇਕ ਜੀਵ) ਤੇਰਾ ਹੀ ਦਿੱਤਾ ਪਹਿਨਦਾ ਹੈ ਤੇਰਾ ਹੀ ਦਿੱਤਾ ਖਾਂਦਾ ਹੈ ॥੧॥
52637	1223	ਸਾਧਸੰਗਤਿ ਕੈ ਬਲਿ ਬਲਿ ਜਾਈ ਬਹੁੜਿ ਨ ਜਨਮਾ ਧਾਇ॥		Saadhhasangath Kai Bal Bal Jaaee Bahurr N Janamaa Dhhaae ||	I am a sacrifice, a sacrifice to the Saadh Sangat, the Company of the Holy; I shall never again fall into reincarnation.	ਮੈਂ ਸਾਧ ਸੰਗਤ ਤੋਂ ਸਦਾ ਸਦਕੇ ਜਾਂਦਾ ਹਾਂ, (ਸਾਧ ਸੰਗਤ ਦੀ ਬਰਕਤਿ ਨਾਲ ਜੀਵ) ਮੁੜ ਜਨਮਾਂ ਵਿਚ ਨਹੀਂ ਭਟਕਦਾ।

52638	1223	ਨਾਨਕ ਦਾਸ ਤੇਰੀ ਸਰਣਾਈ ਜਿਉ ਭਾਵੈ ਤਿਵੈ ਚਲਾਇ॥੨॥੭੫॥੯੮॥		Naanak Dhaas Thaeree Saranaaee Jio Bhaavai Thivai Chalaae ||2||75||98||	Slave Nanak seeks Your Sancuary, Lord; as it pleases Your Will, so do You guide him. ||2||75||98||	ਹੇ ਪ੍ਰਭੂ! ਤੇਰਾ ਦਾਸ (ਨਾਨਕ) ਤੇਰੀ ਸਰਨ ਆਇਆ ਹੈ, ਜਿਵੇਂ ਤੈਨੂੰ ਚੰਗਾ ਲੱਗੇ, ਉਸੇ ਤਰ੍ਹਾਂ (ਮੈਨੂੰ) ਜੀਵਨ-ਰਾਹ ਉੱਤੇ ਤੋਰ ॥੨॥੭੫॥੯੮॥
52639	1223	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52640	1223	ਮਨ ਰੇ ਨਾਮ ਕੋ ਸੁਖ ਸਾਰ॥		Man Rae Naam Ko Sukh Saar ||	O my mind, the Naam is the most sublime peace.	ਹੇ (ਮੇਰੇ) ਮਨ! ਪਰਮਾਤਮਾ ਦਾ ਨਾਮ ਸਿਮਰਨ ਦਾ ਸੁਖ (ਹੋਰ ਸੁਖਾਂ ਨਾਲੋਂ) ਸ੍ਰੇਸ਼ਟ ਹੈ।
52641	1223	ਆਨ ਕਾਮ ਬਿਕਾਰ ਮਾਇਆ ਸਗਲ ਦੀਸਹਿ ਛਾਰ॥੧॥ਰਹਾਉ॥		Aan Kaam Bikaar Maaeiaa Sagal Dheesehi Shhaar ||1|| Rehaao ||	Other affairs of Maya are corrupt. They are nothing more than dust. ||1||Pause||	ਹੇ ਮਨ! (ਨਿਰੀ) ਮਾਇਆ ਦੀ ਖ਼ਾਤਰ ਹੀ ਹੋਰ ਹੋਰ ਕੰਮ (ਆਤਮਕ ਜੀਵਨ ਵਾਸਤੇ) ਵਿਅਰਥ ਹਨ, ਉਹ ਸਾਰੇ ਸੁਆਹ (ਸਮਾਨ ਹੀ) ਦਿੱਸਦੇ ਹਨ ॥੧॥ ਰਹਾਉ ॥
52642	1223	ਗ੍ਰਿਹਿ ਅੰਧ ਕੂਪ ਪਤਿਤ ਪ੍ਰਾਣੀ ਨਰਕ ਘੋਰ ਗੁਬਾਰ॥	ਗ੍ਰਿਹਿ	Grihi Andhh Koop Pathith Praanee Narak Ghor Gubaar ||	The mortal has fallen into the deep dark pit of household attachment; it is a horrible, dark hell.	(ਨਿਰੀ ਮਾਇਆ ਦੀ ਖ਼ਾਤਰ ਦੌੜ-ਭੱਜ ਕਰਨ ਵਾਲਾ) ਪ੍ਰਾਣੀ ਘੁੱਪ ਹਨੇਰੇ ਨਰਕ-ਸਮਾਨ ਗ੍ਰਿਹਸਤ ਦੇ ਅੰਨ੍ਹੇ ਖੂਹ ਵਿਚ ਡਿੱਗਾ ਰਹਿੰਦਾ ਹੈ।

52643	1223	ਅਨਿਕ ਜੋਨੀ ਭ੍ਰਮਤ ਹਾਰਿਓ ਭ੍ਰਮਤ ਬਾਰੰ ਬਾਰ॥੧॥		Anik Jonee Bhramath Haariou Bhramath Baaran Baar ||1||	He wanders in various incarnations, growing weary; he wanders through them again and again. ||1||	ਉਹ ਅਨੇਕਾਂ ਜੂਨਾਂ ਵਿਚ ਭਟਕਦਾ ਮੁੜ ਮੁੜ ਭਟਕਦਾ ਥੱਕ ਜਾਂਦਾ ਹੈ (ਜੀਵਨ-ਸੱਤਿਆ ਗਵਾ ਬੈਠਦਾ ਹੈ) ॥੧॥
52644	1223	ਪਤਿਤ ਪਾਵਨ ਭਗਤਿ ਬਛਲ ਦੀਨ ਕਿਰਪਾ ਧਾਰ॥		Pathith Paavan Bhagath Bashhal Dheen Kirapaa Dhhaar ||	O Purifier of sinners, O Lover of Your devotees, please shower Your Mercy on Your meek servant.	ਹੇ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲੇ! ਹੇ ਭਗਤੀ ਨਾਲ ਪਿਆਰ ਕਰਨ ਵਾਲੇ! ਹੇ ਗਰੀਬਾਂ ਉੱਤੇ ਮਿਹਰ ਕਰਨ ਵਾਲੇ!
52645	1223	ਕਰ ਜੋੜਿ ਨਾਨਕੁ ਦਾਨੁ ਮਾਂਗੈ ਸਾਧਸੰਗਿ ਉਧਾਰ॥੨॥੭੬॥੯੯॥		Kar Jorr Naanak Dhaan Maangai Saadhhasang Oudhhaar ||2||76||99||	With palms pressed together, Nanak begs for this blessing: O Lord, please save me in the Saadh Sangat, the Company of the Holy. ||2||76||99||	(ਤੇਰਾ ਦਾਸ) ਨਾਨਕ ਦੋਵੇਂ ਹੱਥ ਜੋੜ ਕੇ ਇਹ ਦਾਨ ਮੰਗਦਾ ਹੈ ਕਿ ਸਾਧ ਸੰਗਤ ਵਿਚ ਰੱਖ ਕੇ (ਮੈਨੂੰ ਮਾਇਆ-ਵੇੜ੍ਹੇ ਅੰਨ੍ਹੇ ਖੂਹ ਵਿਚੋਂ) ਬਚਾ ਲੈ ॥੨॥੭੬॥੯੯॥
52646	1223	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52647	1223	ਬਿਰਾਜਿਤ ਰਾਮ ਕੋ ਪਰਤਾਪ॥		Biraajith Raam Ko Parathaap ||	The Glorious Radiance of the Lord has spread out everywhere.	(ਜਿਸ ਮਨੁੱਖ ਦੇ ਹਿਰਦੇ ਵਿਚ) ਪਰਮਾਤਮਾ ਦੇ ਨਾਮ ਦਾ ਬਲ ਆ ਟਿਕਦਾ ਹੈ,

52648	1223	ਆਧਿ ਬਿਆਧਿ ਉਪਾਧਿ ਸਭ ਨਾਸੀ ਬਿਨਸੇ ਤੀਨੈ ਤਾਪ॥੧॥ਰਹਾਉ॥		Aadhh Biaadhh Oupaadhh Sabh Naasee Binasae Theenai Thaap ||1|| Rehaao ||	The doubts of my mind and body are all erased, and I am rid of the three diseases. ||1||Pause||	ਉਸ ਦੇ ਅੰਦਰੋਂ ਆਧੀ ਬਿਆਧੀ ਉਪਾਧੀ-ਇਹ ਤਿੰਨੇ ਹੀ ਤਾਪ ਬਿਲਕੁਲ ਮੁੱਕ ਜਾਂਦੇ ਹਨ ॥੧॥ ਰਹਾਉ ॥
52649	1223	ਤ੍ਰਿਸਨਾ ਬੁਝੀ ਪੂਰਨ ਸਭ ਆਸਾ ਚੂਕੇ ਸੋਗ ਸੰਤਾਪ॥		Thrisanaa Bujhee Pooran Sabh Aasaa Chookae Sog Santhaap ||	My thirst is quenched, and my hopes have all been fulfilled; my sorrows and sufferings are over.	(ਜਿਸ ਮਨੁੱਖ ਦੇ ਅੰਦਰ ਹਰਿ-ਨਾਮ ਦਾ ਬਲ ਹੈ, ਉਸ ਦੀ) ਤ੍ਰਿਸ਼ਨਾ ਮਿਟ ਜਾਂਦੀ ਹੈ, ਉਸ ਦੀ ਹਰੇਕ ਆਸ ਪੂਰੀ ਹੋ ਜਾਂਦੀ ਹੈ, ਉਸ ਦੇ ਅੰਦਰੋਂ ਗਮ ਕਲੇਸ਼ ਮੁੱਕ ਜਾਂਦੇ ਹਨ।
52650	1223	ਗੁਣ ਗਾਵਤ ਅਚੁਤ ਅਬਿਨਾਸੀ ਮਨ ਤਨ ਆਤਮ ਧ੍ਰਾਪ॥੧॥	ਅ-ਚੁੱਤ	Gun Gaavath Achuth Abinaasee Man Than Aatham Dhhraap ||1||	Singing the Glorious Praises of the Unmoving, Eternal, Unchanging Lord God, my mind, body and soul are comforted and encouraged. ||1||	ਅਬਿਨਾਸ਼ੀ ਅਤੇ ਨਾਸ-ਰਹਿਤ ਪ੍ਰਭੂ ਦੇ ਗੁਣ ਗਾਂਦਿਆਂ ਗਾਂਦਿਆਂ ਉਸ ਦਾ ਮਨ ਉਸ ਦਾ ਤਨ ਉਸ ਦੀ ਜਿੰਦ (ਤ੍ਰਿਸ਼ਨਾ ਵਲੋਂ) ਰੱਜ ਜਾਂਦੇ ਹਨ ॥੧॥
52651	1223	ਕਾਮ ਕ੍ਰੋਧ ਲੋਭ ਮਦ ਮਤਸਰ ਸਾਧੂ ਕੈ ਸੰਗਿ ਖਾਪ॥		Kaam Krodhh Lobh Madh Mathasar Saadhhoo Kai Sang Khaap ||	Sexual desire, anger, greed, pride and envy are destroyed in the Saadh Sangat, the Company of the Holy.	ਹੇ ਪ੍ਰਭੂ! ਮੈਨੂੰ ਸਾਧ ਸੰਗਤ ਵਿਚ ਰੱਖ ਕੇ (ਮੇਰੇ ਅੰਦਰੋਂ) ਕਾਮ ਕ੍ਰੋਧ ਲੋਭ ਹਉਮੈ ਅਤੇ ਈਰਖਾ (ਆਦਿਕ ਵਿਕਾਰ) ਨਾਸ ਕਰ।

52652	1223	ਭਗਤਿ ਵਛਲ ਭੈ ਕਾਟਨਹਾਰੇ ਨਾਨਕ ਕੇ ਮਾਈ ਬਾਪ॥੨॥੭੭॥੧੦੦॥		Bhagath Vashhal Bhai Kaattanehaarae Naanak Kae Maaee Baap ||2||77||100||	He is the Lover of His devotees, the Destroyer of fear; O Nanak, He is our Mother and Father. ||2||77||100||	ਹੇ ਭਗਤੀ ਨਾਲ ਪਿਆਰ ਕਰਨ ਵਾਲੇ! ਹੇ ਸਾਰੇ ਡਰ ਦੂਰ ਕਰਨ ਵਾਲੇ! ਹੇ ਨਾਨਕ ਦੇ ਮਾਂ-ਪਿਉ (ਵਾਂਗ ਪਾਲਣਾ ਕਰਨ ਵਾਲੇ)! (ਮੇਰੀ ਨਾਨਕ ਦੀ ਇਹ ਬੇਨਤੀ ਪ੍ਰਵਾਨ ਕਰ) ॥੨॥੭੭॥੧੦੦॥
52653	1223	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52654	1223	ਆਤੁਰੁ ਨਾਮ ਬਿਨੁ ਸੰਸਾਰ॥		Aathur Naam Bin Sansaar ||	Without the Naam, the Name of the Lord, the world is miserable.	(ਪਰਮਾਤਮਾ ਦੇ) ਨਾਮ ਨੂੰ ਭੁਲਾ ਕੇ ਜਗਤ ਵਿਆਕੁਲ ਹੋਇਆ ਰਹਿੰਦਾ ਹੈ,
52655	1223	ਤ੍ਰਿਪਤਿ ਨ ਹੋਵਤ ਕੂਕਰੀ ਆਸਾ ਇਤੁ ਲਾਗੋ ਬਿਖਿਆ ਛਾਰ॥੧॥ਰਹਾਉ॥		Thripath N Hovath Kookaree Aasaa Eith Laago Bikhiaa Shhaar ||1|| Rehaao ||	Like a dog, its desires are never satisfied; it clings to the ashes of corruption. ||1||Pause||	ਇਸ ਸੁਆਹ-ਸਮਾਨ ਮਾਇਆ ਵਿਚ ਹੀ ਲੱਗਾ ਰਹਿੰਦਾ ਹੈ (ਚੰਬੜਿਆ ਰਹਿੰਦਾ ਹੈ) ਕੁੱਤੀ ਦੇ ਸੁਭਾਵ ਵਾਲੀ (ਜਗਤ ਦੀ) ਲਾਲਸਾ ਕਦੇ ਰੱਜਦੀ ਨਹੀਂ ॥੧॥ ਰਹਾਉ ॥
52656	1223	ਪਾਇ ਠਗਉਰੀ ਆਪਿ ਭੁਲਾਇਓ ਜਨਮਤ ਬਾਰੋ ਬਾਰ॥		Paae Thagouree Aap Bhulaaeiou Janamath Baaro Baar ||	Administering the intoxicating drug, God Himself leads the mortals astray; they are reincarnated again and again.	(ਪਰ, ਜੀਵ ਦੇ ਭੀ ਕੀਹ ਵੱਸ? ਪਰਮਾਤਮਾ ਨੇ ਮਾਇਆ ਦੀ) ਠਗ-ਬੂਟੀ ਪਾ ਕੇ ਆਪ ਹੀ (ਜਗਤ ਨੂੰ) ਕੁਰਾਹੇ ਪਾ ਰਖਿਆ ਹੈ, (ਕੁਰਾਹੇ ਪੈ ਕੇ ਜੀਵ) ਮੁੜ ਮੁੜ ਜੂਨਾਂ ਵਿਚ ਰਹਿੰਦਾ ਹੈ,

52657	1223	ਹਰਿ ਕਾ ਸਿਮਰਨੁ ਨਿਮਖ ਨ ਸਿਮਰਿਓ ਜਮਕੰਕਰ ਕਰਤ ਖੁਆਰ॥੧॥		Har Kaa Simaran Nimakh N Simariou Jamakankar Karath Khuaar ||1||	He does not meditate in remembrance on the Lord, even for an instant, and so the Messenger of Death makes him suffer. ||1||	ਅੱਖ ਝਮਕਣ ਜਿਤਨੇ ਸਮੇ ਲਈ ਭੀ (ਜੀਵ) ਪਰਮਾਤਮਾ (ਦੇ ਨਾਮ) ਦਾ ਸਿਮਰਨ ਨਹੀਂ ਕਰਦਾ, ਜਮਦੂਤ ਇਸ ਨੂੰ ਖ਼ੁਆਰ ਕਰਦੇ ਰਹਿੰਦੇ ਹਨ ॥੧॥
52658	1223	ਹੋਹੁ ਕ੍ਰਿਪਾਲ ਦੀਨ ਦੁਖਭੰਜਨ ਤੇਰਿਆ ਸੰਤਹ ਕੀ ਰਾਵਾਰ॥		Hohu Kirapaal Dheen Dhukh Bhanjan Thaeriaa Santheh Kee Raavaar ||	Please be merciful to me, O Destroyer of the pains of the meek and the poor; let me be the dust of the feet of the Saints.	ਹੇ ਗਰੀਬਾਂ ਦੇ ਦੁੱਖ ਨਾਸ ਕਰਨ ਵਾਲੇ! (ਦਾਸ ਨਾਨਕ ਉੱਤੇ) ਦਇਆਵਾਨ ਹੋ, (ਤੇਰਾ ਦਾਸ) ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣਿਆ ਰਹੇ।
52659	1224	ਨਾਨਕ ਦਾਸੁ ਦਰਸੁ ਪ੍ਰਭ ਜਾਚੈ ਮਨ ਤਨ ਕੋ ਆਧਾਰ॥੨॥੭੮॥੧੦੧॥		Naanak Dhaas Dharas Prabh Jaachai Man Than Ko Aadhhaar ||2||78||101||	Slave Nanak asks for the Blessed Vision of God. It is the Support of his mind and body. ||2||78||101||	ਹੇ ਪ੍ਰਭੂ! (ਤੇਰਾ) ਦਾਸ ਨਾਨਕ ਤੇਰਾ ਦਰਸਨ ਮੰਗਦਾ ਹੈ, ਇਹੀ (ਇਸ ਦੇ) ਮਨ ਦਾ ਤਨ ਦਾ ਆਸਰਾ ਹੈ ॥੨॥੭੮॥੧੦੧॥
52660	1224	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52661	1224	ਮੈਲਾ ਹਰਿ ਕੇ ਨਾਮ ਬਿਨੁ ਜੀਉ॥		Mailaa Har Kae Naam Bin Jeeo ||	Without the Name of the Lord, the soul is polluted.	ਪਰਮਾਤਮਾ ਦੇ ਨਾਮ ਤੋਂ ਬਿਨਾ ਜੀਵ ਵਿਕਾਰਾਂ ਨਾਲ ਭਰਿਆ ਰਹਿੰਦਾ ਹੈ।

52662	1224	ਤਿਨਿ ਪ੍ਰਭਿ ਸਾਚੈ ਆਪਿ ਭੁਲਾਇਆ ਬਿਖੈ ਠਗਉਰੀ ਪੀਉ॥੧॥ਰਹਾਉ॥		Thin Prabh Saachai Aap Bhulaaeiaa Bikhai Thagouree Peeo ||1|| Rehaao ||	The True Lord God has Himself administered the intoxicating drug of corruption, and led the mortal astray. ||1||Pause||	(ਪਰ ਜੀਵ ਦੇ ਭੀ ਕੀਹ ਵੱਸ?) ਉਸ ਸਦਾ-ਥਿਰ ਪ੍ਰਭੂ ਨੇ ਆਪ ਹੀ ਇਸ ਨੂੰ ਕੁਰਾਹੇ ਪਾਇਆ ਹੋਇਆ ਹੈ ਕਿ ਵਿਸ਼ਿਆਂ ਦੀ ਠਗ-ਬੂਟੀ (ਘੋਟ ਘੋਟ ਕੇ) ਪੀਂਦਾ ਰਹੁ ॥੧॥ ਰਹਾਉ ॥
52663	1224	ਕੋਟਿ ਜਨਮ ਭ੍ਰਮਤੌ ਬਹੁ ਭਾਂਤੀ ਥਿਤਿ ਨਹੀ ਕਤਹੂ ਪਾਈ॥		Kott Janam Bhramatha Bahu Bhaanthee Thhith Nehee Kathehoo Paaee ||	Wandering through millions of incarnations in countless ways, he does not find stability anywhere.	ਪਰਮਾਤਮਾ ਨਾਲੋਂ ਟੁੱਟਾ ਹੋਇਆ ਮਨੁੱਖ ਕਈ ਤਰੀਕਿਆਂ ਨਾਲ ਕ੍ਰੋੜਾਂ ਜਨਮਾਂ ਵਿਚ ਭਟਕਦਾ ਰਹਿੰਦਾ ਹੈ, ਕਿਤੇ ਭੀ (ਇਸ ਗੇੜ ਵਿਚੋਂ ਇਸ ਨੂੰ) ਖੁਲੀਰ ਨਹੀਂ ਮਿਲਦੀ।
52664	1224	ਪੂਰਾ ਸਤਿਗੁਰੁ ਸਹਜਿ ਨ ਭੇਟਿਆ ਸਾਕਤੁ ਆਵੈ ਜਾਈ॥੧॥		Pooraa Sathigur Sehaj N Bhaettiaa Saakath Aavai Jaaee ||1||	The faithless cynic does not intuitively meet with the Perfect True Guru; he continues coming and going in reincarnation. ||1||	ਆਤਮਕ ਅਡੋਲਤਾ ਵਿਚ (ਅਪੜਾਣ ਵਾਲਾ) ਪੂਰਾ ਗੁਰੂ ਇਸ ਨੂੰ ਨਹੀਂ ਮਿਲਦਾ (ਇਸ ਵਾਸਤੇ ਸਦਾ) ਜੰਮਦਾ ਮਰਦਾ ਰਹਿੰਦਾ ਹੈ ॥੧॥
52665	1224	ਰਾਖਿ ਲੇਹੁ ਪ੍ਰਭ ਸੰਮ੍ਰਿਥ ਦਾਤੇ ਤੁਮ ਪ੍ਰਭ ਅਗਮ ਅਪਾਰ॥	ਸੰਮ-ਰ੍ਿਥ, ਅ-ਗਮ: ਪੋਲਾ ਬੋਲੋ ਸੋਗ ਰਹਿਤ	Raakh Laehu Prabh Sanmrithh Dhaathae Thum Prabh Agam Apaar ||	Please save me, O All-powerful Lord God, O Great Giver; O God, You are Inaccessible and Infinite.	ਹੇ ਸਭ ਤਾਕਤਾਂ ਦੇ ਮਾਲਕ ਪ੍ਰਭੂ! ਹੇ ਸਭ ਦਾਤਾਂ ਦੇਣ ਵਾਲੇ! ਅਸਾਂ ਜੀਵਾਂ ਵਾਸਤੇ ਤੂੰ ਅਪਹੁੰਚ ਹੈਂ ਬੇਅੰਤ ਹੈਂ, ਤੂੰ ਆਪ ਹੀ ਰੱਖਿਆ ਕਰ।

52666	1224	ਨਾਨਕ ਦਾਸ ਤੇਰੀ ਸਰਣਾਈ ਭਵਜਲੁ ਉਤਰਿਓ ਪਾਰ ॥੨॥੭੯॥੧੦੨॥		Naanak Dhaas Thaeree Saranaaee Bhavajal Outhariou Paar ||2||79||102||	Slave Nanak seeks Your Sanctuary, to cross over the terrible world-ocean, and reach the other shore. ||2||79||102||	ਹੇ ਨਾਨਕ! (ਜਿਹੜਾ ਤੇਰਾ) ਦਾਸ ਤੇਰੀ ਸਰਨ ਆਉਂਦਾ ਹੈ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੨॥੭੯॥੧੦੨॥
52667	1224	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52668	1224	ਰਮਣ ਕਉ ਰਾਮ ਕੇ ਗੁਣਬਾਦ॥	(ਗੁਣਬਾਦ) ਗੁਣਾਨਵਾਦ, ਗੁਣਾਂ ਦਾ ਕਥਨ ਕਰਨਾ	Raman Ko Raam Kae Gun Baadh ||	To chant the Glorious Praises of the Lord is Sublime.	ਪਰਮਾਤਮਾ ਦੇ ਗੁਣਾਂ ਦਾ ਉਚਾਰਨ-ਇਹ ਹੀ ਸਿਮਰਨ ਵਾਸਤੇ (ਸ੍ਰੇਸ਼ਟ ਦਾਤ ਹੈ)।
52669	1224	ਸਾਧਸੰਗਿ ਧਿਆਈਐ ਪਰਮੇਸਰੁ ਅੰਮ੍ਰਿਤ ਜਾ ਕੇ ਸੁਆਦ॥੧॥ਰਹਾਉ॥		Saadhhasang Dhhiaaeeai Paramaesar Anmrith Jaa Kae Suaadh ||1|| Rehaao ||	In the Saadh Sangat, the Company of the Holy, meditate on the Transcendent Lord God; The taste of His essence is Ambrosial Nectar. ||1||Pause||	ਜਿਸ ਪਰਮੇਸਰ ਦੇ (ਨਾਮ ਜਪਣ ਦੇ) ਰਸ ਆਤਮਕ ਜੀਵਨ ਦੇਣ ਵਾਲੇ ਹਨ, ਉਸ ਦਾ ਧਿਆਨ ਸਾਧ ਸੰਗਤ ਵਿਚ ਟਿਕ ਕੇ ਧਰਨਾ ਚਾਹੀਦਾ ਹੈ ॥੧॥ ਰਹਾਉ ॥
52670	1224	ਸਿਮਰਤ ਏਕੁ ਅਚੁਤ ਅਬਿਨਾਸੀ ਬਿਨਸੇ ਮਾਇਆ ਮਾਦ॥	ਅ-ਚੁੱਤ	Simarath Eaek Achuth Abinaasee Binasae Maaeiaa Maadh ||	Meditating in remembrance on the One Unmoving, Eternal, Unchanging Lord God, the intoxication of Maya wears off.	ਅਬਿਨਾਸੀ ਨਾਸ-ਰਹਿਤ ਪ੍ਰਭੂ ਦਾ ਨਾਮ ਸਿਮਰਦਿਆਂ ਮਾਇਆ ਦੇ ਸਾਰੇ ਨਸ਼ੇ ਨਾਸ ਹੋ ਜਾਂਦੇ ਹਨ।

52671	1224	ਸਹਜ ਅਨਦ ਅਨਹਦ ਧੁਨਿ ਬਾਣੀ ਬਹੁਰਿ ਨ ਭਏ ਬਿਖਾਦ॥੧॥		Sehaj Anadh Anehadh Dhhun Baanee Bahur N Bheae Bikhaadh ||1||	One who is blessed with intuitive peace and poise, and the vibrations of the Unstruck Celestial Bani, never suffers again. ||1||	(ਸਿਮਰਨ ਵਾਲੇ ਦੇ ਅੰਦਰ) ਆਤਮਕ ਅਡੋਲਤਾ ਦੇ ਆਨੰਦ ਬਣੇ ਰਹਿੰਦੇ ਹਨ, ਸਿਫ਼ਤ-ਸਾਲਾਹ ਦੀ ਬਾਣੀ ਦੀ ਇਕ-ਰਸ ਰੌ ਜਾਰੀ ਹੋ ਜਾਂਦੀ ਹੈ, ਉਸ ਦੇ ਮਨ ਵਿਚ ਦੁੱਖ-ਕਲੇਸ਼ ਨਹੀਂ ਰਹਿ ਜਾਂਦੇ ॥੧॥
52672	1224	ਸਨਕਾਦਿਕ ਬ੍ਰਹਮਾਦਿਕ ਗਾਵਤ ਗਾਵਤ ਸੁਕ ਪ੍ਰਹਿਲਾਦ॥		Sanakaadhik Brehamaadhik Gaavath Gaavath Suk Prehilaadh ||	Even Brahma and his sons sing God's Praises; Sukdayv and Prahlaad sing His Praises as well.	ਸਨਕ ਆਦਿਕ ਬ੍ਰਹਮਾ ਦੇ ਚਾਰੇ ਪੁੱਤਰ, ਬ੍ਰਹਮਾ ਆਦਿਕ ਦੇਵਤੇ (ਉਸ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਗੀਤ) ਗਾਂਦੇ ਰਹਿੰਦੇ ਹਨ। ਸੁਕਦੇਵ ਰਿਸ਼ੀ ਪ੍ਰਹਿਲਾਦ ਭਗਤ ਆਦਿਕ ਉਸ ਦੇ ਗੁਣ ਗਾਂਦੇ ਹਨ।
52673	1224	ਪੀਵਤ ਅਮਿਉ ਮਨੋਹਰ ਹਰਿ ਰਸੁ ਜਪਿ ਨਾਨਕ ਹਰਿ ਬਿਸਮਾਦ॥੨॥੮੦॥੧੦੩॥	ਅਮਿਉ: ਪੋਲਾ ਬੋਲੋ	Peevath Amio Manohar Har Ras Jap Naanak Har Bisamaadh ||2||80||103||	Drinking in the fascinating Ambrosial Nectar of the Lord's sublime essence, Nanak meditates on the Amazing Lord. ||2||80||103||	ਹੇ ਨਾਨਕ! ਮਨ ਨੂੰ ਮੋਹਣ ਵਾਲੇ ਹਰੀ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਰਸ ਪੀਂਦਿਆਂ, ਹਰੀ ਦਾ ਨਾਮ ਜਪ ਜਪ ਕੇ ਮਨੁੱਖ ਦੇ ਅੰਦਰ ਉਹ ਅਵਸਥਾ ਪੈਦਾ ਹੋ ਜਾਂਦੀ ਹੈ ਕਿ ਜਿਥੇ ਇਹ ਸਦਾ ਵਾਹ-ਵਾਹ ਦੀ ਮਸਤੀ ਵਿਚ ਟਿਕਿਆ ਰਹਿੰਦਾ ਹੈ ॥੨॥੮੦॥੧੦੩॥
52674	1224	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52675	1224	ਕੀਨੇ ਪਾਪ ਕੇ ਬਹੁ ਕੋਟ॥		Keenhae Paap Kae Bahu Kott ||	He commits many millions of sins.	(ਹਰਿ-ਨਾਮ ਤੋਂ ਖੁੰਝ ਕੇ) ਮਨੁੱਖ ਪਾਪਾਂ ਦੀਆਂ ਅਨੇਕਾਂ ਵਲਗਣਾਂ (ਆਪਣੀ ਜਿੰਦ ਦੇ ਦੁਆਲੇ) ਖੜੀਆਂ ਕਰਦਾ ਜਾਂਦਾ ਹੈ।
52676	1224	ਦਿਨਸੁ ਰੈਨੀ ਥਕਤ ਨਾਹੀ ਕਤਹਿ ਨਾਹੀ ਛੋਟ॥੧॥ਰਹਾਉ॥		Dhinas Rainee Thhakath Naahee Kathehi Naahee Shhott ||1|| Rehaao ||	Day and night, he does not get tired of them, and he never finds release. ||1||Pause||	ਦਿਨ ਰਾਤ (ਪਾਪ ਕਰਦਿਆਂ) ਥੱਕਦਾ ਨਹੀਂ (ਸਾਧ ਸੰਗਤ ਤੋਂ ਬਿਨਾ ਹੋਰ) ਕਿਤੇ ਭੀ (ਪਾਪਾਂ ਤੋਂ) ਇਸ ਦੀ ਖ਼ਲਾਸੀ ਨਹੀਂ ਹੋ ਸਕਦੀ ॥੧॥ ਰਹਾਉ ॥
52677	1224	ਮਹਾ ਬਜਰ ਬਿਖ ਬਿਆਧੀ ਸਿਰਿ ਉਠਾਈ ਪੋਟ॥	ਬੱਜਰ	Mehaa Bajar Bikh Biaadhhee Sir Outhaaee Pott ||	He carries on his head a terrible, heavy load of sin and corruption.	(ਹਰਿ-ਨਾਮ ਤੋਂ ਖੁੰਝ ਕੇ) ਮਨੁੱਖ ਬੜੇ ਕਰੜੇ ਅਤੇ ਆਤਮਕ ਮੌਤ ਲਿਆਉਣ ਵਾਲੇ ਰੋਗਾਂ ਦੀ ਪੋਟਲੀ (ਆਪਣੇ) ਸਿਰ ਉਤੇ ਚੁੱਕੀ ਰੱਖਦਾ ਹੈ।
52678	1224	ਉਘਰਿ ਗਈਆਂ ਖਿਨਹਿ ਭੀਤਰਿ ਜਮਹਿ ਗ੍ਰਾਸੇ ਝੋਟ॥੧॥	(ਉਘ-ਰਿ) ਪ੍ਰਗਟ ਹੋ ਗਈਆਂ ਮੰਦੀਆਂ ਕਰਤੂਤਾਂ। (ਝੋਟ) ਜੁੰਡੇ। ਗ੍ਰਾਸੇ	Oughar Geeaaan Khinehi Bheethar Jamehi Graasae Jhott ||1||	In an instant, he is exposed. The Messenger of Death seizes him by his hair. ||1||	ਜਦੋਂ ਜਮਾਂ ਨੇ (ਆ ਕੇ) ਕੇਸਾਂ ਤੋਂ ਫੜ ਲਿਆ, ਤਦੋਂ ਇਕ ਖਿਨ ਵਿਚ ਹੀ (ਇਸ ਦੀਆਂ) ਅੱਖਾਂ ਉਘੜ ਆਉਂਦੀਆਂ ਹਨ (ਪਰ ਤਦੋਂ ਕੀਹ ਲਾਭ?) ॥੧॥
52679	1224	ਪਸੁ ਪਰੇਤ ਉਸਟ ਗਰਧਭ ਅਨਿਕ ਜੋਨੀ ਲੇਟ॥		Pas Paraeth Ousatt Garadhhabh Anik Jonee Laett ||	He is consigned to countless forms of reincarnation, into beasts, ghosts, camels and donkeys.	(ਪਾਪਾਂ ਦੀਆਂ ਪੰਡਾਂ ਦੇ ਕਾਰਨ) ਜੀਵ ਪਸ਼ੂ, ਪ੍ਰੇਤ, ਊਂਠ, ਖੋਤਾ ਆਦਿਕ ਅਨੇਕਾਂ ਜੂਨਾਂ ਵਿਚ ਰੁਲਦਾ ਫਿਰਦਾ ਹੈ।

52680	1224	ਭਜੁ ਸਾਧਸੰਗਿ ਗੋਬਿੰਦ ਨਾਨਕ ਕਛੁ ਨ ਲਾਗੈ ਫੇਟ॥੨॥੮੧॥੧੦੪॥		Bhaj Saadhhasang Gobindh Naanak Kashh N Laagai Faett ||2||81||104||	Vibrating and meditating on the Lord of the Universe in the Saadh Sangat, the Company of the Holy, O Nanak, you shall never be struck or harmed at all. ||2||81||104||	ਹੇ ਨਾਨਕ! ਸਾਧ ਸੰਗਤ ਵਿਚ ਟਿਕ ਕੇ ਪਰਮਾਤਮਾ ਦਾ ਭਜਨ ਕਰਿਆ ਕਰ, ਫਿਰ (ਜਮਾਂ ਦੀ) ਰਤਾ ਭਰ ਭੀ ਚੋਟ ਨਹੀਂ ਲੱਗੇਗੀ ॥੨॥੮੧॥੧੦੪॥
52681	1224	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52682	1224	ਅੰਧੇ ਖਾਵਹਿ ਬਿਸੂ ਕੇ ਗਟਾਕ॥		Andhhae Khaavehi Bisoo Kae Gattaak ||	He is so blind! He is eating loads of poison.	(ਮਾਇਆ ਦੇ ਮੋਹ ਵਿਚ) ਅੰਨ੍ਹੇ ਹੋ ਚੁਕੇ ਮਨੁੱਖ ਆਤਮਕ ਮੌਤ ਲਿਆਉਣ ਵਾਲੇ ਪਦਾਰਥ ਹੀ ਖ਼ੁਸ਼ ਹੋ ਹੋ ਕੇ ਖਾਂਦੇ ਰਹਿੰਦੇ ਹਨ।
52683	1224	ਨੈਨ ਸ੍ਰਵਨ ਸਰੀਰੁ ਸਭੁ ਹੁਟਿਓ ਸਾਸੁ ਗਇਓ ਤਤ ਘਾਟ॥੧॥ਰਹਾਉ॥		Nain Sravan Sareer Sabh Huttiou Saas Gaeiou Thath Ghaatt ||1|| Rehaao ||	His eyes, ears and body are totally exhausted; he shall lose his breath in an instant. ||1||Pause||	(ਆਖ਼ਿਰ ਮੌਤ ਸਿਰ ਤੇ ਆ ਜਾਂਦੀ ਹੈ), ਅੱਖਾਂ, ਕੰਨ, ਸਰੀਰ-ਹਰੇਕ ਅੰਗ ਕੰਮ ਕਰਨੋਂ ਰਹਿ ਜਾਂਦਾ ਹੈ, ਤੇ, ਸਾਹ ਭੀ ਖ਼ਤਮ ਹੋ ਜਾਂਦਾ ਹੈ ॥੧॥ ਰਹਾਉ ॥
52684	1224	ਅਨਾਥ ਰਞਾਣਿ ਉਦਰੁ ਲੇ ਪੋਖਹਿ ਮਾਇਆ ਗਈਆ ਹਾਟਿ॥	(ਰਞਾਣਿ) ਦੁਖਾ ਕੇ	Anaathh Ranjaan Oudhar Lae Pokhehi Maaeiaa Geeaa Haatt ||	Making the poor suffer, he fills his belly, but the wealth of Maya shall not go with him.	(ਮਾਇਆ ਦੇ ਮੋਹ ਵਿਚ ਅੰਨ੍ਹੇ ਹੋ ਚੁਕੇ ਮਨੁੱਖ) ਕਮਜ਼ੋਰਾਂ ਨੂੰ ਦੁੱਖ ਦੇ ਦੇ ਕੇ ਆਪਣਾ ਪੇਟ ਪਾਲਦੇ ਰਹਿੰਦੇ ਹਨ (ਪਰ ਮੌਤ ਆਉਣ ਤੇ) ਉਹ ਮਾਇਆ ਭੀ ਸਾਥ ਛੱਡ ਦੇਂਦੀ ਹੈ।

52685	1224	ਕਿਲਬਿਖ ਕਰਤ ਕਰਤ ਪਛੁਤਾਵਹਿ ਕਬਹੁ ਨ ਸਾਕਹਿ ਛਾਂਟਿ॥੧॥		Kilabikh Karath Karath Pashhuthaavehi Kabahu N Saakehi Shhaantt ||1||	Committing sinful mistakes again and again, he regrets and repents, but he can never give them up. ||1||	ਅਜਿਹੇ ਮਨੁੱਖ ਪਾਪ ਕਰਦਿਆਂ ਕਰਦਿਆਂ ਪਛਤਾਂਦੇ ਭੀ ਹਨ, (ਪਰ ਇਹਨਾਂ ਪਾਪਾਂ ਨੂੰ) ਛੱਡ ਨਹੀਂ ਸਕਦੇ ॥੧॥
52686	1224	ਨਿੰਦਕੁ ਜਮਦੂਤੀ ਆਇ ਸੰਘਾਰਿਓ ਦੇਵਹਿ ਮੂੰਡ ਉਪਰਿ ਮਟਾਕ॥		Nindhak Jamadhoothee Aae Sanghaariou Dhaevehi Moondd Oupar Mattaak ||	The Messenger of Death comes to slaughter the slanderer; he beats him on his head.	(ਇਹੀ ਹਾਲ ਹੁੰਦਾ ਹੈ ਨਿੰਦਕ ਮਨੁੱਖ ਦਾ। ਨਿੰਦਕ ਸਾਰੀ ਉਮਰ ਸੰਤ ਜਨਾਂ ਉਤੇ ਦੂਸ਼ਣ ਲਾਂਦਾ ਰਹਿੰਦਾ ਹੈ, ਆਖ਼ਿਰ ਜਦੋਂ) ਜਮਦੂਤ ਨਿੰਦਕ ਨੂੰ ਆ ਫੜਦੇ ਹਨ, ਉਸ ਦੇ ਸਿਰ ਉੱਤੇ (ਮੌਤ ਦੀ) ਚੋਟ ਆ ਚਲਾਂਦੇ ਹਨ।
52687	1224	ਨਾਨਕ ਆਪਨ ਕਟਾਰੀ ਆਪਸ ਕਉ ਲਾਈ ਮਨੁ ਅਪਨਾ ਕੀਨੋ ਫਾਟ॥੨॥੮੨॥੧੦੫॥		Naanak Aapan Kattaaree Aapas Ko Laaee Man Apanaa Keeno Faatt ||2||82||105||	O Nanak, he cuts himself with his own dagger, and damages his own mind. ||2||82||105||	ਹੇ ਨਾਨਕ! (ਸਾਰੀ ਉਮਰ) ਨਿੰਦਕ ਆਪਣੀ ਛੁਰੀ ਆਪਣੇ ਉੱਤੇ ਹੀ ਚਲਾਂਦਾ ਰਹਿੰਦਾ ਹੈ, ਆਪਣੇ ਹੀ ਮਨ ਨੂੰ ਨਿੰਦਾ ਦੇ ਜ਼ਖ਼ਮ ਲਾਂਦਾ ਰਹਿੰਦਾ ਹੈ ॥੨॥੮੨॥੧੦੫॥
52688	1224	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52689	1224	ਟੂਟੀ ਨਿੰਦਕ ਕੀ ਅਧ ਬੀਚ॥		Ttoottee Nindhak Kee Adhh Beech ||	The slanderer is destroyed in mid-stream.	ਸੰਤ ਜਨਾਂ ਦੀ ਨਿੰਦਾ ਕਰਨ ਵਾਲੇ ਮਨੁੱਖ ਦੀ ਜ਼ਿੰਦਗੀ ਨਿਸਫਲ ਜਾਂਦੀ ਹੈ।

52690	1224	ਜਨ ਕਾ ਰਾਖਾ ਆਪਿ ਸੁਆਮੀ ਬੇਮੁਖ ਕਉ ਆਇ ਪਹੂਚੀ ਮੀਚ॥੧॥ਰਹਾਉ॥		Jan Kaa Raakhaa Aap Suaamee Baemukh Ko Aae Pehoochee Meech ||1|| Rehaao ||	Our Lord and Master is the Saving Grace, the Protector of His humble servants; those who have turned their backs on the Guru are overtaken by death. ||1||Pause||	ਮਾਲਕ-ਪ੍ਰਭੂ ਆਪ ਆਪਣੇ ਸੇਵਕ ਦੀ ਰੱਖਿਆ ਕਰਨ ਵਾਲਾ ਹੈ, ਪਰ ਜਿਹੜਾ ਮਨੁੱਖ ਸੰਤ ਜਨਾਂ ਤੋਂ ਮੂੰਹ ਮੋੜੀ ਰੱਖਦਾ ਹੈ, ਉਹ ਆਤਮਕ ਮੌਤ ਸਹੇੜ ਲੈਂਦਾ ਹੈ ॥੧॥ ਰਹਾਉ ॥
52691	1224	ਉਸ ਕਾ ਕਹਿਆ ਕੋਇ ਨ ਸੁਣਈ ਕਹੀ ਨ ਬੈਸਣੁ ਪਾਵੈ॥		Ous Kaa Kehiaa Koe N Sunee Kehee N Baisan Paavai ||	No one listens to what he says; he is not allowed to sit anywhere.	ਸੰਤ ਜਨਾਂ ਦੀ ਨਿੰਦਾ ਕਰਨ ਵਾਲੇ ਮਨੁੱਖ ਦੀ ਗੱਲ ਉੱਤੇ ਕੋਈ ਇਤਬਾਰ ਨਹੀਂ ਕਰਦਾ, ਉਸ ਨੂੰ ਕਿਤੇ ਭੀ ਇੱਜ਼ਤ ਵਾਲੀ ਥਾਂ ਨਹੀਂ ਮਿਲਦੀ।
52692	1224	ਈਹਾਂ ਦੁਖੁ ਆਗੈ ਨਰਕੁ ਭੁੰਚੈ ਬਹੁ ਜੋਨੀ ਭਰਮਾਵੈ॥੧॥		Eehaan Dhukh Aagai Narak Bhunchai Bahu Jonee Bharamaavai ||1||	He suffers in pain here, and falls into hell hereafter. He wanders in endless reincarnations. ||1||	ਨਿੰਦਕ ਇਸ ਲੋਕ ਵਿਚ ਦੁੱਖ ਪਾਂਦਾ ਹੈ, (ਕਿਉਂਕਿ ਕੋਈ ਉਸ ਦੀ ਇੱਜ਼ਤ ਨਹੀਂ ਕਰਦਾ), ਪਰਲੋਕ ਵਿਚ ਉਹ ਨਰਕ ਭੋਗਦਾ ਹੈ, ਅਨੇਕਾਂ ਜੂਨਾਂ ਵਿਚ ਭਟਕਦਾ ਹੈ ॥੧॥
52693	1224	ਪ੍ਰਗਟੁ ਭਇਆ ਖੰਡੀ ਬ੍ਰਹਮੰਡੀ ਕੀਤਾ ਅਪਣਾ ਪਾਇਆ॥		Pragatt Bhaeiaa Khanddee Brehamanddee Keethaa Apanaa Paaeiaa ||	He has become infamous across worlds and galaxies; he receives according to what he has done.	ਸੰਤ ਜਨਾਂ ਦੀ ਨਿੰਦਾ ਕਰਨ ਵਾਲਾ ਮਨੁੱਖ ਆਪਣੇ (ਇਸ) ਕੀਤੇ ਦਾ (ਇਹ) ਫਲ ਪਾਂਦਾ ਹੈ ਕਿ ਸਾਰੇ ਜਗਤ ਵਿਚ ਬਦਨਾਮ ਹੋ ਜਾਂਦਾ ਹੈ।

52694	1224	ਨਾਨਕ ਸਰਣਿ ਨਿਰਭਉ ਕਰਤੇ ਕੀ ਅਨਦ ਮੰਗਲ ਗੁਣ ਗਾਇਆ॥੨॥੮੩॥੧੦੬॥		Naanak Saran Nirabho Karathae Kee Anadh Mangal Gun Gaaeiaa ||2||83||106||	Nanak seeks the Sanctuary of the Fearless Creator Lord; he sings His Glorious Praises in ecstasy and bliss. ||2||83||106||	ਹੇ ਨਾਨਕ! (ਪ੍ਰਭੂ ਦਾ ਸੇਵਕ) ਨਿਰਭਉ ਕਰਤਾਰ ਦੀ ਸਰਨ ਪਿਆ ਰਹਿੰਦਾ ਹੈ, ਪ੍ਰਭੂ ਦੇ ਗੁਣ ਗਾਂਦਾ ਹੈ, ਉਸ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ, ਆਤਮਕ ਖ਼ੁਸ਼ੀਆਂ ਬਣੀਆਂ ਰਹਿੰਦੀਆਂ ਹਨ ॥੨॥੮੩॥੧੦੬॥
52695	1224	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52696	1224	ਤ੍ਰਿਸਨਾ ਚਲਤ ਬਹੁ ਪਰਕਾਰਿ॥		Thrisanaa Chalath Bahu Parakaar ||	Desire plays itself out in so many ways.	(ਮਨੁੱਖ ਦੇ ਅੰਦਰ) ਤ੍ਰਿਸ਼ਨਾ ਕਈ ਤਰੀਕਿਆਂ ਨਾਲ ਦੌੜ-ਭੱਜ ਕਰਦੀ ਰਹਿੰਦੀ ਹੈ।
52697	1225	ਪੂਰਨ ਹੋਤ ਨ ਕਤਹੁ ਬਾਤਹਿ ਅੰਤਿ ਪਰਤੀ ਹਾਰਿ॥੧॥ਰਹਾਉ॥		Pooran Hoth N Kathahu Baathehi Anth Parathee Haar ||1|| Rehaao ||	But it is not fulfilled at all, and in the end, it dies, exhausted. ||1||Pause||	ਕਿਸੇ ਭੀ ਗੱਲ ਨਾਲ (ਇਹ ਤ੍ਰਿਸ਼ਨਾ) ਰੱਜਦੀ ਨਹੀਂ, (ਜ਼ਿੰਦਗੀ ਦੇ ਅਖ਼ੀਰ ਤਕ) ਇਹ ਸਿਰੇ ਨਹੀਂ ਚੜ੍ਹਦੀ (ਹੋਰ ਹੋਰ ਵਧਦੀ ਹੀ ਰਹਿੰਦੀ ਹੈ) ॥੧॥ ਰਹਾਉ ॥
52698	1225	ਸਾਂਤਿ ਸੂਖ ਨ ਸਹਜੁ ਉਪਜੈ ਇਹੈ ਇਸੁ ਬਿਉਹਾਰਿ॥		Saanth Sookh N Sehaj Oupajai Eihai Eis Biouhaar ||	It does not produce tranquility, peace and poise; this is the way it works.	(ਤ੍ਰਿਸ਼ਨਾ ਦੇ ਕਾਰਨ ਮਨੁੱਖ ਦੇ ਮਨ ਵਿਚ ਕਦੇ) ਸ਼ਾਂਤੀ ਨਹੀਂ ਪੈਦਾ ਹੁੰਦੀ, ਆਨੰਦ ਨਹੀਂ ਬਣਦਾ, ਆਤਮਕ ਅਡੋਲਤਾ ਨਹੀਂ ਉਪਜਦੀ।

52699	1225	ਆਪ ਪਰ ਕਾ ਕਛੁ ਨ ਜਾਨੈ ਕਾਮ ਕ੍ਰੋਧਹਿ ਜਾਰਿ॥੧॥		Aap Par Kaa Kashh N Jaanai Kaam Krodhhehi Jaar ||1||	He does not know what belongs to him, and to others. He burns in sexual desire and anger. ||1||	ਬੱਸ! ਇਸ ਤ੍ਰਿਸ਼ਨਾ ਦਾ (ਸਦਾ) ਇਹੀ ਵਿਹਾਰ ਹੈ। ਕਾਮ ਅਤੇ ਕ੍ਰੋਧ ਨਾਲ (ਇਹ ਤ੍ਰਿਸ਼ਨਾ ਮਨੁੱਖ ਦਾ ਅੰਦਰਲਾ) ਸਾੜ ਦੇਂਦੀ ਹੈ, ਕਿਸੇ ਦਾ ਲਿਹਾਜ਼ ਨਹੀਂ ਕਰਦੀ ॥੧॥
52700	1225	ਸੰਸਾਰ ਸਾਗਰੁ ਦੁਖਿ ਬਿਆਪਿਓ ਦਾਸ ਲੇਵਹੁ ਤਾਰਿ॥		Sansaar Saagar Dhukh Biaapiou Dhaas Laevahu Thaar ||	The world is enveloped by an ocean of pain; O Lord, please save Your slave!	ਤ੍ਰਿਸ਼ਨਾ ਦੇ ਕਾਰਨ ਜੀਵ ਉਤੇ ਸੰਸਾਰ-ਸਮੁੰਦਰ ਆਪਣਾ ਜ਼ੋਰ ਪਾਈ ਰੱਖਦਾ ਹੈ, (ਜੀਵ) ਦੁੱਖ ਵਿਚ ਫਸਿਆ ਰਹਿੰਦਾ ਹੈ। (ਪਰ, ਹੇ ਪ੍ਰਭੂ!) ਤੂੰ ਆਪਣੇ ਸੇਵਕਾਂ ਨੂੰ (ਇਸ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈਂ।
52701	1225	ਚਰਨਕਮਲ ਸਰਣਾਇ ਨਾਨਕ ਸਦ ਸਦਾ ਬਲਿਹਾਰਿ॥੨॥੮੪॥੧੦੭॥		Charan Kamal Saranaae Naanak Sadh Sadhaa Balihaar ||2||84||107||	Nanak seeks the Sanctuary of Your Lotus Feet; Nanak is forever and ever a sacrifice. ||2||84||107||	ਨਾਨਕ ਆਖਦਾ ਹੈ- (ਹੇ ਪ੍ਰਭੂ!) ਮੈਂ (ਭੀ) ਤੇਰੇ ਸੋਹਣੇ ਚਰਨਾਂ ਦੀ ਸਰਨ ਆਇਆ ਹਾਂ, ਮੈਂ ਤੈਥੋਂ ਸਦਾ ਸਦਾ ਸਦਕੇ ਜਾਂਦਾ ਹਾਂ ॥੨॥੮੪॥੧੦੭॥
52702	1225	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52703	1225	ਰੇ ਪਾਪੀ ਤੈ ਕਵਨ ਕੀ ਮਤਿ ਲੀਨ॥		Rae Paapee Thai Kavan Kee Math Leen ||	O sinner, who taught you to sin?	ਹੇ ਪਾਪੀ! ਤੂੰ ਕਿਸ ਦੀ (ਭੈੜੀ) ਮੱਤ ਲੈ ਲਈ ਹੈ?

52704	1225	ਨਿਮਖ ਘਰੀ ਨ ਸਿਮਰਿ ਸੁਆਮੀ ਜੀਉ ਪਿੰਡੁ ਜਿਨਿ ਦੀਨ॥੧॥ਰਹਾਉ॥		Nimakh Gharee N Simar Suaamee Jeeo Pindd Jin Dheen ||1|| Rehaao ||	You do not contemplate your Lord and Master, even for an instant; it was He who gave you your body and soul. ||1||Pause||	ਜਿਸ ਮਾਲਕ-ਪ੍ਰਭੂ ਨੇ ਤੈਨੂੰ ਇਹ ਜਿੰਦ ਦਿੱਤੀ, ਇਹ ਸਰੀਰ ਦਿੱਤਾ, ਉਸ ਨੂੰ ਤੂੰ ਘੜੀ ਭਰ ਭੀ ਅੱਖ ਝਮਕਣ ਜਿਤਨੇ ਸਮੇ ਲਈ ਭੀ ਯਾਦ ਨਹੀਂ ਕਰਦਾ ॥੧॥ ਰਹਾਉ ॥
52705	1225	ਖਾਤ ਪੀਵਤ ਸਵੰਤ ਸੁਖੀਆ ਨਾਮੁ ਸਿਮਰਤ ਖੀਨ॥		Khaath Peevath Savanth Sukheeaa Naam Simarath Kheen ||	Eating, drinking and sleeping, you are happy, but contemplating the Naam, the Name of the Lord, you are miserable.	ਹੇ ਪਾਪੀ! ਖਾਂਦਾ ਪੀਂਦਾ ਸੌਂਦਾ ਤਾਂ ਤੂੰ ਖ਼ੁਸ਼ ਰਹਿੰਦਾ ਹੈਂ, ਪਰ ਪ੍ਰਭੂ ਦਾ ਨਾਮ ਸਿਮਰਦਿਆਂ ਤੂੰ ਆਲਸੀ ਹੋ ਜਾਂਦਾ ਹੈਂ।
52706	1225	ਗਰਭ ਉਦਰ ਬਿਲਲਾਟ ਕਰਤਾ ਤਹਾਂ ਹੋਵਤ ਦੀਨ॥੧॥		Garabh Oudhar Bilalaatt Karathaa Thehaan Hovath Dheen ||1||	In the womb of your mother, you cried and whined like a wretch. ||1||	ਜਦੋਂ ਤੂੰ ਮਾਂ ਦੇ ਪੇਟ ਵਿਚ ਸੀ, ਤਦੋਂ ਵਿਲਕਦਾ ਸੀ, ਤਦੋਂ ਤੂੰ ਗਰੀਬੜਾ ਜਿਹਾ ਬਣਿਆ ਰਹਿੰਦਾ ਸੀ ॥੧॥
52707	1225	ਮਹਾ ਮਾਦ ਬਿਕਾਰ ਬਾਧਾ ਅਨਿਕ ਜੋਨਿ ਭ੍ਰਮੀਨ॥		Mehaa Maadh Bikaar Baadhhaa Anik Jon Bhrameen ||	And now, bound by great pride and corruption, you shall wander in endless incarnations.	ਹੇ ਪਾਪੀ! ਵੱਡੇ ਵੱਡੇ ਵਿਕਾਰਾਂ ਦੀ ਮਸਤੀ ਵਿਚ ਬੱਝਾ ਹੋਇਆ ਤੂੰ ਅਨੇਕਾਂ ਜੂਨਾਂ ਵਿਚ ਭਟਕਦਾ ਆ ਰਿਹਾ ਹੈਂ।

52708	1225	ਗੋਬਿੰਦ ਬਿਸਰੇ ਕਵਨ ਦੁਖ ਗਨੀਅਹਿ ਸੁਖੁ ਨਾਨਕ ਹਰਿ ਪਦ ਚੀਨ੍॥੨॥੮੫॥੧੦੮॥	ਗਨੀ-ਅਹਿ	Gobindh Bisarae Kavan Dhukh Ganeeahi Sukh Naanak Har Padh Cheenh ||2||85||108||	You have forgotten the Lord of the Universe; what misery will be your lot now? O Nanak, peace is found by realizing the sublime state of the Lord. ||2||85||108||	ਪਰਮਾਤਮਾ ਦਾ ਨਾਮ ਭੁੱਲਿਆਂ ਇਤਨੇ ਦੁੱਖ ਵਾਪਰਦੇ ਹਨ ਕਿ ਗਿਣੇ ਨਹੀਂ ਜਾ ਸਕਦੇ। ਹੇ ਨਾਨਕ! ਪਰਮਾਤਮਾ ਦੇ ਚਰਨਾਂ ਨਾਲ ਸਾਂਝ ਪਾਇਆਂ ਹੀ ਸੁਖ ਮਿਲਦਾ ਹੈ ॥੨॥੮੫॥੧੦੮॥
52709	1225	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52710	1225	ਮਾਈ ਰੀ ਚਰਨਹ ਓਟ ਗਹੀ॥		Maaee Ree Charaneh Outt Gehee ||	O mother I have grasped the Protection the Sanctuary of the Lord's Feet.	ਹੇ ਮਾਂ! (ਜਦੋਂ ਦਾ) ਪਰਮਾਤਮਾ ਦੇ ਚਰਨਾਂ ਦਾ ਆਸਰਾ ਲਿਆ ਹੈ,
52711	1225	ਦਰਸਨੁ ਪੇਖਿ ਮੇਰਾ ਮਨੁ ਮੋਹਿਓ ਦੁਰਮਤਿ ਜਾਤ ਬਹੀ॥੧॥ਰਹਾਉ॥		Dharasan Paekh Maeraa Man Mohiou Dhuramath Jaath Behee ||1|| Rehaao ||	Gazing upon the Blessed Vision of His Darshan, my mind is fascinated, and evil-mindedness is taken away. ||1||Pause||	(ਉਸ ਦਾ) ਦਰਸਨ ਕਰ ਕੇ ਮੇਰਾ ਮਨ ਮੋਹਿਆ ਗਿਆ ਹੈ, (ਮੇਰੇ ਅੰਦਰੋਂ) ਭੈੜੀ ਮੱਤ ਰੁੜ੍ਹ ਗਈ ਹੈ ॥੧॥ ਰਹਾਉ ॥
52712	1225	ਅਗਹ ਅਗਾਧਿ ਊਚ ਅਬਿਨਾਸੀ ਕੀਮਤਿ ਜਾਤ ਨ ਕਹੀ॥		Ageh Agaadhh Ooch Abinaasee Keemath Jaath N Kehee ||	He is Unfathomable, Incomprehensible, Exalted and High, Eternal and Imperishable; His worth cannot be appraised.	ਹੇ ਮਾਂ! ਉਹ ਪਰਮਾਤਮਾ ਅਥਾਹ ਹੈ ਬੇਅੰਤ ਡੂੰਘਾ ਹੈ, ਬਹੁਤ ਉੱਚਾ ਹੈ, ਕਦੇ ਨਹੀਂ ਮਰਦਾ, ਉਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ।

52713	1225	ਜਲਿ ਥਲਿ ਪੇਖਿ ਪੇਖਿ ਮਨੁ ਬਿਗਸਿਓ ਪੂਰਿ ਰਹਿਓ ਸ੍ਰਬ ਮਹੀ॥੧॥		Jal Thhal Paekh Paekh Man Bigasiou Poor Rehiou Srab Mehee ||1||	Gazing upon Him, gazing upon Him in the water and on the land, my mind has blossomed forth in ecstasy. He is totally pervading and permeating all. ||1||	ਜਲ ਵਿਚ ਧਰਤੀ ਵਿਚ (ਹਰ ਥਾਂ ਉਸ ਨੂੰ) ਵੇਖ ਕੇ ਮੇਰਾ ਮਨ ਖਿੜਿਆ ਰਹਿੰਦਾ ਹੈ। ਹੇ ਮਾਂ! ਉਹ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਹੈ ॥੧॥
52714	1225	ਦੀਨ ਦਇਆਲ ਪ੍ਰੀਤਮ ਮਨਮੋਹਨ ਮਿਲਿ ਸਾਧਹ ਕੀਨੋ ਸਹੀ॥		Dheen Dhaeiaal Preetham Manamohan Mil Saadhheh Keeno Sehee ||	Merciful to the meek, my Beloved, Enticer of my mind; meeting with the Holy, He is known.	ਹੇ ਮਾਂ! ਸਾਧ ਸੰਗਤ ਵਿਚ ਮਿਲ ਕੇ ਗਰੀਬਾਂ ਉਤੇ ਦਇਆ ਕਰਨ ਵਾਲੇ ਅਤੇ ਮਨ ਨੂੰ ਮੋਹ ਲੈਣ ਵਾਲੇ ਪ੍ਰੀਤਮ ਦਾ ਮੈਂ ਦਰਸਨ ਕੀਤਾ ਹੈ।
52715	1225	ਸਿਮਰਿ ਸਿਮਰਿ ਜੀਵਤ ਹਰਿ ਨਾਨਕ ਜਮ ਕੀ ਭੀਰ ਨ ਫਹੀ॥੨॥੮੬॥੧੦੯॥	(ਫਹੀ) ਫਸੇ	Simar Simar Jeevath Har Naanak Jam Kee Bheer N Fehee ||2||86||109||	Meditating, meditating in remembrance on the Lord, Nanak lives; the Messenger of Death cannot catch or torment him. ||2||86||109||	ਹੇ ਨਾਨਕ! ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਆਤਮਕ ਜੀਵਨ ਮਿਲਦਾ ਹੈ, ਅਤੇ ਜਮਾਂ ਦੀ ਭੀੜ ਵਿਚ ਨਹੀਂ ਫਸੀਦਾ ॥੨॥੮੬॥੧੦੯॥
52716	1225	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52717	1225	ਮਾਈ ਰੀ ਮਨੁ ਮੇਰੋ ਮਤਵਾਰੋ॥	ਮੱਤਵਾਰੋ	Maaee Ree Man Maero Mathavaaro ||	O mother, my mind is intoxicated.	ਹੇ ਮਾਂ! ਮੇਰਾ ਮਨ (ਪ੍ਰਭੂ ਦੇ ਦੀਦਾਰ ਵਿਚ) ਮਸਤ ਹੋ ਰਿਹਾ ਹੈ।

52718	1225	ਪੇਖਿ ਦਇਆਲ ਅਨਦ ਸੁਖ ਪੂਰਨ ਹਰਿ ਰਸਿ ਰਪਿਓ ਖੁਮਾਰੋ॥੧॥ਰਹਾਉ॥	(ਰਪਿਓ) ਰੰਗੇ ਗਏ	Paekh Dhaeiaal Anadh Sukh Pooran Har Ras Rapiou Khumaaro ||1|| Rehaao ||	Gazing upon the Merciful Lord, I am filled with bliss and peace; imbued with the sublime essence of the Lord, I am intoxicated. ||1||Pause||	ਉਸ ਦਇਆ ਦੇ ਸੋਮੇ ਪ੍ਰਭੂ ਦਾ ਦਰਸਨ ਕਰ ਕੇ ਮੇਰੇ ਅੰਦਰ ਪੂਰਨ ਤੌਰ ਤੇ ਆਤਮਕ ਆਨੰਦ ਸੁਖ ਬਣਿਆ ਹੋਇਆ ਹੈ, ਮੇਰਾ ਮਨ ਪ੍ਰੇਮ-ਰਸ ਨਾਲ ਰੰਗਿਆ ਗਿਆ ਹੈ ਤੇ ਮਸਤ ਹੈ ॥੧॥ ਰਹਾਉ ॥
52719	1225	ਨਿਰਮਲ ਭਏ ਊਜਲ ਜਸੁ ਗਾਵਤ ਬਹੁਰਿ ਨ ਹੋਵਤ ਕਾਰੋ॥		Niramal Bheae Oojal Jas Gaavath Bahur N Hovath Kaaro ||	I have become spotless and pure, singing the Sacred Praises of the Lord; I shall never again be dirtied.	ਹੇ ਮਾਂ! ਪਰਮਾਤਮਾ ਦਾ ਜਸ ਗਾਂਦਿਆਂ ਜਿਸ ਮਨੁੱਖ ਦਾ ਮਨ ਨਿਰਮਲ ਉੱਜਲ ਹੋ ਜਾਂਦਾ ਹੈ, ਉਹ ਮੁੜ (ਵਿਕਾਰਾਂ ਨਾਲ) ਕਾਲਾ ਨਹੀਂ ਹੁੰਦਾ।
52720	1225	ਚਰਨਕਮਲ ਸਿਉ ਡੋਰੀ ਰਾਚੀ ਭੇਟਿਓ ਪੁਰਖੁ ਅਪਾਰੋ॥੧॥		Charan Kamal Sio Ddoree Raachee Bhaettiou Purakh Apaaro ||1||	My awareness is focused on the Lotus Feet of God; I have met the Infinite, Supreme Being. ||1||	(ਸਿਫ਼ਤ-ਸਾਲਾਹ ਦੀ ਬਰਕਤਿ ਨਾਲ) ਜਿਸ ਮਨੁੱਖ ਦੇ ਮਨ ਦੀ ਡੋਰ ਪ੍ਰਭੂ ਦੇ ਸੋਹਣੇ ਚਰਨਾਂ ਨਾਲ ਜੁੜਦੀ ਹੈ, ਉਸ ਨੂੰ ਬੇਅੰਤ ਪ੍ਰਭੂ ਮਿਲ ਪੈਂਦਾ ਹੈ ॥੧॥
52721	1225	ਕਰੁ ਗਹਿ ਲੀਨੇ ਸਰਬਸੁ ਦੀਨੇ ਦੀਪਕ ਭਇਓ ਉਜਾਰੋ॥		Kar Gehi Leenae Sarabas Dheenae Dheepak Bhaeiou Oujaaro ||	Taking me by the hand, He has given me everything; He has lit up my lamp.	ਹੇ ਮਾਂ! ਜਿਸ ਮਨੁੱਖ ਦਾ ਹੱਥ ਫੜ ਕੇ ਪ੍ਰਭੂ ਉਸ ਨੂੰ ਆਪਣਾ ਬਣਾ ਲੈਂਦਾ ਹੈ, ਉਸ ਨੂੰ ਸਭ ਕੁਝ ਬਖ਼ਸ਼ਦਾ ਹੈ, ਉਸ ਦੇ ਅੰਦਰ (ਨਾਮ ਦੇ) ਦੀਵੇ ਦਾ ਚਾਨਣ ਹੋ ਜਾਂਦਾ ਹੈ।

52722	1225	ਨਾਨਕ ਨਾਮਿ ਰਸਿਕ ਬੈਰਾਗੀ ਕੁਲਹ ਸਮੂਹਾਂ ਤਾਰੋ॥੨॥੮੭॥੧੧੦॥		Naanak Naam Rasik Bairaagee Kuleh Samoohaan Thaaro ||2||87||110||	O Nanak, savoring the Naam, the Name of the Lord, I have become detached; my generations have been carried across as well. ||2||87||110||	ਹੇ ਨਾਨਕ! ਪਰਮਾਤਮਾ ਦੇ ਨਾਮ ਵਿਚ ਪ੍ਰੀਤ ਪ੍ਰੇਮ ਜੋੜਨ ਵਾਲਾ ਮਨੁੱਖ ਆਪਣੀਆਂ ਸਾਰੀਆਂ ਕੁਲਾਂ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੨॥੮੭॥੧੧੦॥
52723	1225	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52724	1225	ਮਾਈ ਰੀ ਆਨ ਸਿਮਰਿ ਮਰਿ ਜਾਂਹਿ॥		Maaee Ree Aan Simar Mar Jaanhi ||	O mother, by meditating in remembrance on some other, the mortal dies.	ਹੇ ਮਾਂ! ਉਹ ਮਨੁੱਖ (ਪ੍ਰਭੂ ਤੋਂ ਬਿਨਾ) ਹੋਰ ਨੂੰ ਮਨ ਵਿਚ ਵਸਾਈ ਰੱਖ ਕੇ ਆਤਮਕ ਮੌਤ ਸਹੇੜ ਲੈਂਦੇ ਹਨ,
52725	1225	ਤਿਆਗਿ ਗੋਬਿਦੁ ਜੀਅਨ ਕੋ ਦਾਤਾ ਮਾਇਆ ਸੰਗਿ ਲਪਟਾਹਿ॥੧॥ਰਹਾਉ॥		Thiaag Gobidh Jeean Ko Dhaathaa Maaeiaa Sang Lapattaahi ||1|| Rehaao ||	Forsaking the Lord of the Universe, the Giver of souls, the mortal is engrossed and entangled in Maya. ||1||Pause||	ਜਿਹੜੇ ਮਨੁੱਖ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲੇ ਪਰਮਾਤਮਾ ਨੂੰ ਛੱਡ ਕੇ (ਸਦਾ) ਮਾਇਆ ਨਾਲ ਚੰਬੜੇ ਰਹਿੰਦੇ ਹਨ ॥੧॥ ਰਹਾਉ ॥
52726	1225	ਨਾਮੁ ਬਿਸਾਰਿ ਚਲਹਿ ਅਨ ਮਾਰਗਿ ਨਰਕ ਘੋਰ ਮਹਿ ਪਾਹਿ॥		Naam Bisaar Chalehi An Maarag Narak Ghor Mehi Paahi ||	Forgetting the Naam, the Name of the Lord, he walks on some other path, and falls into the most horrible hell.	ਹੇ ਮਾਂ! ਜਿਹੜੇ ਮਨੁੱਖ ਪਰਮਾਤਮਾ ਦਾ ਨਾਮ ਭੁਲਾ ਕੇ ਹੋਰ (ਜੀਵਨ-) ਰਾਹ ਉਤੇ ਤੁਰਦੇ ਹਨ, ਉਹ ਭਿਆਨਕ ਨਰਕ ਵਿਚ ਪਏ ਰਹਿੰਦੇ ਹਨ।

52727	1225	ਅਨਿਕ ਸਜਾਂਈ ਗਣਤ ਨ ਆਵੈ ਗਰਭੈ ਗਰਭਿ ਭ੍ਰਮਾਹਿ॥੧॥		Anik Sajaanee Ganath N Aavai Garabhai Garabh Bhramaahi ||1||	He suffers uncounted punishments, and wanders from womb to womb in reincarnation. ||1||	ਉਹਨਾਂ ਨੂੰ ਇਤਨੀਆਂ ਸਜ਼ਾਵਾਂ ਮਿਲਦੀਆਂ ਰਹਿੰਦੀਆਂ ਹਨ ਕਿ ਉਹਨਾਂ ਦੀ ਗਿਣਤੀ ਨਹੀਂ ਹੋ ਸਕਦੀ। ਉਹ ਹਰੇਕ ਜੂਨ ਵਿਚ ਭਟਕਦੇ ਫਿਰਦੇ ਹਨ ॥੧॥
52728	1225	ਸੇ ਧਨਵੰਤੇ ਸੇ ਪਤਿਵੰਤੇ ਹਰਿ ਕੀ ਸਰਣਿ ਸਮਾਹਿ॥		Sae Dhhanavanthae Sae Pathivanthae Har Kee Saran Samaahi ||	They alone are wealthy, and they alone are honorable, who are absorbed in the Sanctuary of the Lord.	ਹੇ ਮਾਂ! ਜਿਹੜੇ ਮਨੁੱਖ ਪਰਮਾਤਮਾ ਦੀ ਸਰਨ ਵਿਚ ਟਿਕੇ ਰਹਿੰਦੇ ਹਨ, ਉਹ ਧਨ ਵਾਲੇ ਹਨ, ਉਹ ਇੱਜ਼ਤ ਵਾਲੇ ਹਨ।
52729	1225	ਗੁਰ ਪ੍ਰਸਾਦਿ ਨਾਨਕ ਜਗੁ ਜੀਤਿਓ ਬਹੁਰਿ ਨ ਆਵਹਿ ਜਾਂਹਿ॥੨॥੮੮॥੧੧੧॥		Gur Prasaadh Naanak Jag Jeethiou Bahur N Aavehi Jaanhi ||2||88||111||	By Guru's Grace, O Nanak, they conquer the world; they do not come and go in reincarnation ever again. ||2||88||111||	ਹੇ ਨਾਨਕ! (ਆਖ-ਹੇ ਮਾਂ!) ਗੁਰੂ ਦੀ ਮਿਹਰ ਨਾਲ ਉਹਨਾਂ ਨੇ ਜਗਤ (ਦੇ ਮੋਹ) ਨੂੰ ਜਿੱਤ ਲਿਆ ਹੈ, ਉਹ ਮੁੜ ਮੁੜ ਨਾਹ ਜੰਮਦੇ ਹਨ ਨਾਹ ਮਰਦੇ ਹਨ ॥੨॥੮੮॥੧੧੧॥
52730	1225	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52731	1225	ਹਰਿ ਕਾਟੀ ਕੁਟਿਲਤਾ ਕੁਠਾਰਿ॥	ਕੁਟਿਲ-ਤਾ	Har Kaattee Kuttilathaa Kuthaar ||	The Lord has cut down the crooked tree of my deceit.	ਪਰਮਾਤਮਾ ਨੇ (ਜਿਸ ਮਨੁੱਖ ਦੇ) ਮਨ ਦਾ ਖੋਟ (ਮਾਨੋ) ਕੁਹਾੜੇ ਨਾਲ ਕੱਟ ਦਿੱਤਾ,

52732	1225	ਭ੍ਰਮ ਬਨ ਦਹਨ ਭਏ ਖਿਨ ਭੀਤਰਿ ਰਾਮ ਨਾਮ ਪਰਹਾਰਿ॥੧॥ਰਹਾਉ ॥		Bhram Ban Dhehan Bheae Khin Bheethar Raam Naam Parehaar ||1|| Rehaao ||	The forest of doubt is burnt away in an instant, by the fire of the Lord's Name. ||1||Pause||	ਉਸ ਦੇ ਅੰਦਰੋਂ ਪ੍ਰਭੂ ਦੇ ਨਾਮ ਦੀ ਚੋਟ ਨਾਲ ਇਕ ਖਿਨ ਵਿਚ ਹੀ ਭਟਕਣਾ ਦੇ ਜੰਗਲਾਂ ਦੇ ਜੰਗਲ ਹੀ ਸੜ (ਕੇ ਸੁਆਹ ਹੋ) ਗਏ ॥੧॥ ਰਹਾਉ ॥
52733	1225	ਕਾਮ ਕ੍ਰੋਧ ਨਿੰਦਾ ਪਰਹਰੀਆ ਕਾਢੇ ਸਾਧੂ ਕੈ ਸੰਗਿ ਮਾਰਿ॥		Kaam Krodhh Nindhaa Parehareeaa Kaadtae Saadhhoo Kai Sang Maar ||	Sexual desire, anger and slander are gone; in the Saadh Sangat, the Company of the Holy, I have beaten them and driven them out.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਗੁਰੂ ਦੀ ਸੰਗਤ ਵਿਚ ਰਹਿ ਕੇ ਕਾਮ ਕ੍ਰੋਧ ਨਿੰਦਾ ਆਦਿਕ ਵਿਕਾਰਾਂ ਨੂੰ (ਆਪਣੇ ਅੰਦਰੋਂ) ਦੂਰ ਕਰ ਦੇਂਦਾ ਹੈ ਮਾਰ ਮਾਰ ਕੇ ਕੱਢ ਦੇਂਦਾ ਹੈ।
52734	1226	ਜਨਮੁ ਪਦਾਰਥੁ ਗੁਰਮੁਖਿ ਜੀਤਿਆ ਬਹੁਰਿ ਨ ਜੂਐ ਹਾਰਿ॥੧॥		Janam Padhaarathh Guramukh Jeethiaa Bahur N Jooai Haar ||1||	The Gurmukh is successful in this priceless human life; he shall not lose it in the gamble ever again. ||1||	ਗੁਰਮੁਖ ਇਸ ਕੀਮਤੀ ਮਨੁੱਖਾ ਜਨਮ ਨੂੰ (ਵਿਕਾਰਾਂ ਦੇ ਟਾਕਰੇ ਤੇ) ਕਾਮਯਾਬ ਬਣਾ ਲੈਂਦਾ ਹੈ, ਫਿਰ ਕਦੇ ਇਸ ਨੂੰ ਜੂਏ ਵਿਚ ਹਾਰ ਕੇ ਨਹੀਂ ਜਾਂਦਾ ॥੧॥
52735	1226	ਆਠ ਪਹਰ ਪ੍ਰਭ ਕੇ ਗੁਣ ਗਾਵਹ ਪੂਰਨ ਸਬਦਿ ਬੀਚਾਰਿ॥		Aath Pehar Prabh Kae Gun Gaaveh Pooran Sabadh Beechaar ||	Twenty-four hours a day, I sing the Glorious Praises of the Lord, and contemplate the Perfect Word of the Shabad.	ਆਓ, ਰਲ ਕੇ ਸਰਬ-ਵਿਆਪਕ ਪ੍ਰਭੂ ਦੇ ਗੁਣਾਂ ਨੂੰ ਗੁਰ-ਸ਼ਬਦ ਦੀ ਰਾਹੀਂ ਮਨ ਵਿਚ ਵਸਾ ਕੇ ਅੱਠੇ ਪਹਰ ਉਸ ਦੇ ਗੁਣ ਗਾਂਦੇ ਰਹੀਏ।

52736	1226	ਨਾਨਕ ਦਾਸਨਿ ਦਾਸੁ ਜਨੁ ਤੇਰਾ ਪੁਨਹ ਪੁਨਹ ਨਮਸਕਾਰਿ॥੨॥੮੯॥੧੧੨॥		Naanak Dhaasan Dhaas Jan Thaeraa Puneh Puneh Namasakaar ||2||89||112||	Servant Nanak is the slave of Your slaves; over and over again, he bows in humble reverence to You. ||2||89||112||	ਹੇ ਪ੍ਰਭੂ! ਮੈਂ ਨਾਨਕ ਤੇਰੇ ਦਾਸਾਂ ਦਾ ਦਾਸ ਹਾਂ, (ਤੇਰੇ ਦਰ ਤੇ ਹੀ) ਮੁੜ ਮੁੜ ਨਮਸਕਾਰ ਕਰਦਾ ਹਾਂ ॥੨॥੮੯॥੧੧੨॥
52737	1226	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52738	1226	ਪੋਥੀ ਪਰਮੇਸਰ ਕਾ ਥਾਨੁ॥		Pothhee Paramaesar Kaa Thhaan ||	This Holy Book is the home of the Transcendent Lord God.	ਗੁਰਬਾਣੀ (ਹੀ) ਪਰਮਾਤਮਾ ਦੇ ਮਿਲਾਪ ਦੀ ਥਾਂ ਹੈ।
52739	1226	ਸਾਧਸੰਗਿ ਗਾਵਹਿ ਗੁਣ ਗੋਬਿੰਦ ਪੂਰਨ ਬ੍ਰਹਮਗਿਆਨੁ॥੧॥ਰਹਾਉ॥		Saadhhasang Gaavehi Gun Gobindh Pooran Breham Giaan ||1|| Rehaao ||	Whoever sings the Glorious Praises of the Lord of the Universe in the Saadh Sangat, the Company of the Holy, has the perfect knowledge of God. ||1||Pause||	ਜਿਹੜੇ ਮਨੁੱਖ ਗੁਰੂ ਦੀ ਸੰਗਤ ਵਿਚ ਰਹਿ ਕੇ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਉਹ ਮਨੁੱਖ ਸਰਬ-ਵਿਆਪਕ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦੇ ਹਨ ॥੧॥ ਰਹਾਉ ॥

52740	1226	ਸਾਧਿਕ ਸਿਧ ਸਗਲ ਮੁਨਿ ਲੋਚਹਿ ਬਿਰਲੇ ਲਾਗੈ ਧਿਆਨੁ॥		Saadhhik Sidhh Sagal Mun Lochehi Biralae Laagai Dhhiaan ||	The Siddhas and seekers and all the silent sages long for the Lord, but those who meditate on Him are rare.	ਜੋਗ-ਸਾਧਨ ਕਰਨ ਵਾਲੇ ਮਨੁੱਖ, ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਸਾਰੇ ਰਿਸ਼ੀ-ਮੁਨੀ (ਪਰਮਾਤਮਾ ਨਾਲ ਮਿਲਾਪ ਦੀ) ਤਾਂਘ ਕਰਦੇ ਆ ਰਹੇ ਹਨ, ਪਰ ਕਿਸੇ ਵਿਰਲੇ ਦੀ ਸੁਰਤ (ਉਸ ਵਿਚ) ਜੁੜਦੀ ਹੈ।
52741	1226	ਜਿਸਹਿ ਕ੍ਰਿਪਾਲੁ ਹੋਇ ਮੇਰਾ ਸੁਆਮੀ ਪੂਰਨ ਤਾ ਕੋ ਕਾਮੁ॥੧॥		Jisehi Kirapaal Hoe Maeraa Suaamee Pooran Thaa Ko Kaam ||1||	That person, unto whom my Lord and Master is merciful - all his tasks are perfectly accomplished. ||1||	ਜਿਸ ਮਨੁੱਖ ਉਤੇ ਮੇਰਾ ਮਾਲਕ-ਪ੍ਰਭੂ ਆਪ ਦਇਆਵਾਨ ਹੁੰਦਾ ਹੈ, ਉਸ ਦਾ (ਇਹ) ਕੰਮ ਸਿਰੇ ਚੜ੍ਹ ਜਾਂਦਾ ਹੈ ॥੧॥
52742	1226	ਜਾ ਕੈ ਰਿਦੈ ਵਸੈ ਭੈ ਭੰਜਨੁ ਤਿਸੁ ਜਾਨੈ ਸਗਲ ਜਹਾਨੁ॥		Jaa Kai Ridhai Vasai Bhai Bhanjan This Jaanai Sagal Jehaan ||	One whose heart is filled with the Lord, the Destroyer of fear, knows the whole world.	ਸਾਰੇ ਡਰਾਂ ਦਾ ਨਾਸ ਕਰਨ ਵਾਲਾ ਪਰਮਾਤਮਾ ਜਿਸ ਮਨੁੱਖ ਦੇ ਹਿਰਦੇ ਵਿਚ ਆ ਵੱਸਦਾ ਹੈ, ਉਸ ਨੂੰ ਸਾਰਾ ਜਗਤ ਜਾਣ ਲੈਂਦਾ ਹੈ (ਸਾਰੇ ਜਗਤ ਵਿਚ ਉਸ ਦੀ ਸੋਭਾ ਖਿਲਰ ਜਾਂਦੀ ਹੈ)।
52743	1226	ਖਿਨੁ ਪਲੁ ਬਿਸਰੁ ਨਹੀ ਮੇਰੇ ਕਰਤੇ ਇਹੁ ਨਾਨਕੁ ਮਾਂਗੈ ਦਾਨੁ॥੨॥੯੦॥੧੧੩॥		Khin Pal Bisar Nehee Maerae Karathae Eihu Naanak Maangai Dhaan ||2||90||113||	May I never forget You, even for an instant, O my Creator Lord; Nanak begs for this blessing. ||2||90||113||	(ਉਸ ਪਰਮਾਤਮਾ ਦੇ ਦਰ ਤੋਂ) ਨਾਨਕ ਇਹ ਦਾਨ ਮੰਗਦਾ ਹੈ (ਕਿ) ਹੇ ਮੇਰੇ ਕਰਤਾਰ! (ਮੇਰੇ ਮਨ ਤੋਂ ਕਦੇ) ਇਕ ਖਿਨ ਵਾਸਤੇ ਇਕ ਪਲ ਵਾਸਤੇ ਭੀ ਨਾਹ ਵਿਸਰ ॥੨॥੯੦॥੧੧੩॥

52744	1226	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52745	1226	ਵੂਠਾ ਸਰਬ ਥਾਈ ਮੇਹੁ॥	ਥਾਂਈਂ	Voothaa Sarab Thhaaee Maehu ||	The rain has fallen everywhere.	(ਜਿਵੇਂ) ਮੀਂਹ (ਟੋਏ ਟਿੱਬੇ) ਸਭਨੀਂ ਹੀ ਥਾਈਂ ਵਰ੍ਹਦਾ ਹੈ,
52746	1226	ਅਨਦ ਮੰਗਲ ਗਾਉ ਹਰਿ ਜਸੁ ਪੂਰਨ ਪ੍ਰਗਟਿਓ ਨੇਹੁ॥੧॥ਰਹਾਉ॥		Anadh Mangal Gaao Har Jas Pooran Pragattiou Naehu ||1|| Rehaao ||	Singing the Lord's Praises with ecstasy and bliss, the Perfect Lord is revealed. ||1||Pause||	(ਤਿਵੇਂ ਜਸ ਗਾਣ ਵਾਲਿਆਂ ਦੇ ਹਿਰਦਿਆਂ ਵਿਚ) ਆਨੰਦ ਤੇ ਖ਼ੁਸ਼ੀਆਂ ਦੀ ਵਰਖਾ ਹੁੰਦੀ ਹੈ, ਸਰਬ-ਵਿਆਪਕ ਪਰਮਾਤਮਾ ਦਾ ਪਿਆਰ (ਹਿਰਦੇ ਵਿਚ) ਪੈਦਾ ਹੋ ਜਾਂਦਾ ਹੈ। (ਇਸ ਕਰ ਕੇ) ਪਰਮਾਤਮਾ ਦਾ ਜਸ ਗਾਇਆ ਕਰੋ ॥੧॥ ਰਹਾਉ ॥
52747	1226	ਚਾਰਿ ਕੁੰਟ ਦਹ ਦਿਸਿ ਜਲਨਿਧਿ ਊਨ ਥਾਉ ਨ ਕੇਹੁ॥		Chaar Kuntt Dheh Dhis Jal Nidhh Oon Thhaao N Kaehu ||	On all four sides and in the ten directions, the Lord is an ocean. There is no place where He does not exist.	(ਜੀਵਨ-) ਜਲ ਦਾ ਖ਼ਜ਼ਾਨਾ ਪ੍ਰਭੂ ਚੌਹਾਂ ਕੂਟਾਂ ਵਿਚ ਦਸੀਂ ਪਾਸੀਂ (ਹਰ ਥਾਂ ਮੌਜੂਦ ਹੈ) ਕੋਈ ਭੀ ਥਾਂ (ਉਸ ਦੀ ਹੋਂਦ ਤੋਂ) ਖ਼ਾਲੀ ਨਹੀਂ ਹੈ।
52748	1226	ਕ੍ਰਿਪਾਨਿਧਿ ਗੋਬਿੰਦ ਪੂਰਨ ਜੀਅ ਦਾਨੁ ਸਭ ਦੇਹੁ॥੧॥		Kirapaa Nidhh Gobindh Pooran Jeea Dhaan Sabh Dhaehu ||1||	O Perfect Lord God, Ocean of Mercy, You bless all with the gift of the soul. ||1||	(ਉਸ ਦਾ ਇਉਂ ਜਸ ਗਾਇਆ ਕਰੋ-) ਹੇ ਦਇਆ ਦੇ ਖ਼ਜ਼ਾਨੇ! ਹੇ ਗੋਬਿੰਦ! ਹੇ ਸਰਬ-ਵਿਆਪਕ! ਤੂੰ ਸਭ ਜੀਵਾਂ ਨੂੰ ਹੀ ਜੀਵਨ-ਦਾਤ ਦੇਂਦਾ ਹੈਂ ॥੧॥

52749	1226	ਸਤਿ ਸਤਿ ਹਰਿ ਸਤਿ ਸੁਆਮੀ ਸਤਿ ਸਾਧਸੰਗੇਹੁ॥		Sath Sath Har Sath Suaamee Sath Saadhhasangaehu ||	True, True, True is my Lord and Master; True is the Saadh Sangat, the Company of the Holy.	ਪਰਮਾਤਮਾ ਸਦਾ ਹੀ ਅਟੱਲ ਰਹਿਣ ਵਾਲਾ ਹੈ (ਜਿੱਥੇ ਉਹ ਮਿਲਦਾ ਹੈ, ਉਹ) ਸਾਧ ਸੰਗਤ ਭੀ ਧੁਰ ਤੋਂ ਚਲੀ ਆ ਰਹੀ ਹੈ।
52750	1226	ਸਤਿ ਤੇ ਜਨ ਜਿਨ ਪਰਤੀਤਿ ਉਪਜੀ ਨਾਨਕ ਨਹ ਭਰਮੇਹੁ॥੨॥੯੧॥੧੧੪॥		Sath Thae Jan Jin Paratheeth Oupajee Naanak Neh Bharamaehu ||2||91||114||	True are those humble beings, within whom faith wells up; O Nanak, they are not deluded by doubt. ||2||91||114||	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਵਾਸਤੇ ਸਰਧਾ ਪੈਦਾ ਹੋ ਜਾਂਦੀ ਹੈ, ਹੇ ਨਾਨਕ! ਉਹ ਭੀ ਅਟੱਲ ਆਤਮਕ ਜੀਵਨ ਵਾਲੇ ਹੋ ਜਾਂਦੇ ਹਨ, ਉਹਨਾਂ ਨੂੰ ਕੋਈ ਭਟਕਣਾ ਨਹੀਂ ਰਹਿ ਜਾਂਦੀ ॥੨॥੯੧॥੧੧੪॥
52751	1226	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52752	1226	ਗੋਬਿਦ ਜੀਉ ਤੂ ਮੇਰੇ ਪ੍ਰਾਨ ਅਧਾਰ॥		Gobidh Jeeo Thoo Maerae Praan Adhhaar ||	O Dear Lord of the Universe, You are the Support of my breath of life.	ਹੇ ਪ੍ਰਭੂ ਜੀ! ਤੂੰ ਮੇਰੇ ਪ੍ਰਾਣਾਂ ਦਾ ਆਸਰਾ ਹੈਂ।
52753	1226	ਸਾਜਨ ਮੀਤ ਸਹਾਈ ਤੁਮ ਹੀ ਤੂ ਮੇਰੋ ਪਰਵਾਰ॥੧॥ਰਹਾਉ ॥		Saajan Meeth Sehaaee Thum Hee Thoo Maero Paravaar ||1|| Rehaao ||	You are my Best Friend and Companion, my Help and Support; You are my family. ||1||Pause||	ਤੂੰ ਹੀ ਮੇਰਾ ਸੱਜਣ ਹੈਂ, ਤੂੰ ਹੀ ਮੇਰਾ ਮਿੱਤਰ ਹੈਂ, ਤੂੰ ਹੀ ਮੇਰੀ ਮਦਦ ਕਰਨ ਵਾਲਾ ਹੈਂ, ਤੂੰ ਹੀ ਮੇਰਾ ਪਰਵਾਰ ਹੈਂ ॥੧॥ ਰਹਾਉ ॥

52754	1226	ਕਰੁ ਮਸਤਕਿ ਧਾਰਿਓ ਮੇਰੈ ਮਾਥੈ ਸਾਧਸੰਗਿ ਗੁਣ ਗਾਏ॥		Kar Masathak Dhhaariou Maerai Maathhai Saadhhasang Gun Gaaeae ||	You placed Your Hand on my forehead; in the Saadh Sangat, the Company of the Holy, I sing Your Glorious Praises.	ਹੇ ਪ੍ਰਭੂ! ਜਦੋਂ ਤੂੰ ਮੇਰੇ ਮੱਥੇ ਉੱਤੇ ਮੇਰੇ ਮਸਤਕ ਉੱਤੇ (ਆਪਣੀ ਮਿਹਰ ਦਾ) ਹੱਥ ਰੱਖਿਆ, ਤਦੋਂ ਮੈਂ ਸਾਧ ਸੰਗਤ ਵਿਚ (ਟਿਕ ਕੇ ਤੇਰੀ) ਸਿਫ਼ਤ-ਸਾਲਾਹ ਦੇ ਗੀਤ ਗਾਏ ਹਨ।
52755	1226	ਤੁਮਰੀ ਕ੍ਰਿਪਾ ਤੇ ਸਭ ਫਲ ਪਾਏ ਰਸਕਿ ਰਾਮ ਨਾਮ ਧਿਆਏ॥੧॥		Thumaree Kirapaa Thae Sabh Fal Paaeae Rasak Raam Naam Dhhiaaeae ||1||	By Your Grace, I have obtained all fruits and rewards; I meditate on the Lord's Name with delight. ||1||	ਹੇ ਪ੍ਰਭੂ! ਤੇਰੀ ਮਿਹਰ ਨਾਲ ਮੈਂ ਸਾਰੇ ਫਲ ਹਾਸਲ ਕੀਤੇ ਹਨ, ਅਤੇ ਪਿਆਰ ਨਾਲ ਤੇਰਾ ਨਾਮ ਸਿਮਰਿਆ ਹੈ ॥੧॥
52756	1226	ਅਬਿਚਲ ਨੀਵ ਧਰਾਈ ਸਤਿਗੁਰਿ ਕਬਹੂ ਡੋਲਤ ਨਾਹੀ॥		Abichal Neev Dhharaaee Sathigur Kabehoo Ddolath Naahee ||	The True Guru has laid the eternal foundation; it shall never be shaken.	ਸਤਿਗੁਰੂ ਨੇ (ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਹਰਿ-ਨਾਮ ਸਿਮਰਨ ਦੀ) ਅਟੱਲ ਨੀਂਹ ਰੱਖ ਦਿੱਤੀ, ਉਹ ਕਦੇ (ਮਾਇਆ ਵਿਚ) ਡੋਲਦੇ ਨਹੀਂ ਹਨ।
52757	1226	ਗੁਰ ਨਾਨਕ ਜਬ ਭਏ ਦਇਆਰਾ ਸਰਬ ਸੁਖਾ ਨਿਧਿ ਪਾਂਹੀ॥੨॥੯੨॥੧੧੫॥		Gur Naanak Jab Bheae Dhaeiaaraa Sarab Sukhaa Nidhh Paanhee ||2||92||115||	Guru Nanak has become merciful to me, and I have been blessed with the treasure of absolute peace. ||2||92||115||	ਹੇ ਨਾਨਕ! ਜਦੋਂ ਸਤਿਗੁਰੂ ਜੀ ਦਇਆਵਾਨ ਹੁੰਦੇ ਹਨ, ਉਹ ਸਾਰੇ ਸੁਖਾਂ ਦੇ ਖ਼ਜ਼ਾਨੇ ਪਰਮਾਤਮਾ ਦਾ ਮਿਲਾਪ ਹਾਸਲ ਕਰ ਲੈਂਦੇ ਹਨ ॥੨॥੯੨॥੧੧੫॥
52758	1226	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52759	1226	ਨਿਬਹੀ ਨਾਮ ਕੀ ਸਚੁ ਖੇਪ॥		Nibehee Naam Kee Sach Khaep ||	Only the true merchandise of the Naam, the Name of the Lord, stays with you.	ਪਰਮਾਤਮਾ ਦੇ ਨਾਮ ਦਾ ਸਦਾ ਕਾਇਮ ਰਹਿਣ ਵਾਲਾ ਵਪਾਰ ਦਾ ਲੱਦਿਆ ਮਾਲ ਜਿਸ ਜੀਵ-ਵਣਜਾਰੇ ਦੇ ਨਾਲ ਸਦਾ ਦਾ ਸਾਥ ਬਣਾ ਲੈਂਦਾ ਹੈ,
52760	1226	ਲਾਭੁ ਹਰਿ ਗੁਣ ਗਾਇ ਨਿਧਿ ਧਨੁ ਬਿਖੈ ਮਾਹਿ ਅਲੇਪ॥੧॥ਰਹਾਉ॥		Laabh Har Gun Gaae Nidhh Dhhan Bikhai Maahi Alaep ||1|| Rehaao ||	Sing the Glorious Praises of the Lord, the treasure of wealth, and earn your profit; in the midst of corruption, remain untouched. ||1||Pause||	ਉਹ ਜੀਵ-ਵਣਜਾਰਾ (ਸਦਾ) ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਇਹੀ ਅਸਲ ਖੱਟੀ ਹੈ, ਇਹੀ ਅਸਲ ਖ਼ਜ਼ਾਨਾ ਹੈ ਇਹੀ ਅਸਲ ਧਨ ਹੈ, (ਇਸ ਦੀ ਬਰਕਤਿ ਨਾਲ) ਉਹ ਜੀਵ-ਵਣਜਾਰਾ (ਮਾਇਕ) ਪਦਾਰਥਾਂ ਵਿਚ ਨਿਰਲੇਪ ਰਹਿੰਦਾ ਹੈ ॥੧॥ ਰਹਾਉ ॥
52761	1226	ਜੀਅ ਜੰਤ ਸਗਲ ਸੰਤੋਖੇ ਆਪਨਾ ਪ੍ਰਭੁ ਧਿਆਇ॥		Jeea Janth Sagal Santhokhae Aapanaa Prabh Dhhiaae ||	All beings and creatures find contentment, meditating on their God.	ਆਪਣੇ ਪ੍ਰਭੂ ਦਾ ਧਿਆਨ ਧਰ ਕੇ ਸਾਰੇ ਜੀਵ ਸੰਤੋਖ ਵਾਲਾ ਜੀਵਨ ਹਾਸਲ ਕਰ ਲੈਂਦੇ ਹਨ।
52762	1226	ਰਤਨ ਜਨਮੁ ਅਪਾਰ ਜੀਤਿਓ ਬਹੁੜਿ ਜੋਨਿ ਨ ਪਾਇ॥੧॥		Rathan Janam Apaar Jeethiou Bahurr Jon N Paae ||1||	The priceless jewel of infinite worth, this human life, is won, and they are not consigned to reincarnation ever again. ||1||	ਜਿਸ ਭੀ ਮਨੁੱਖ ਨੇ ਇਹ ਬੇਅੰਤ ਕੀਮਤੀ ਮਨੁੱਖਾ ਜਨਮ ਵਿਕਾਰਾਂ ਦੇ ਹੱਲਿਆਂ ਤੋਂ ਬਚਾ ਲਿਆ, ਉਹ ਮੁੜ ਮੁੜ ਜੂਨਾਂ ਵਿਚ ਨਹੀਂ ਪੈਂਦਾ ॥੧॥

52763	1226	ਭਏ ਕ੍ਰਿਪਾਲ ਦਇਆਲ ਗੋਬਿਦ ਭਇਆ ਸਾਧੂਸੰਗੁ॥		Bheae Kirapaal Dhaeiaal Gobidh Bhaeiaa Saadhhoo Sang ||	When the Lord of the Universe shows His kindness and compassion, the mortal finds the Saadh Sangat, the Company of the Holy,	ਜਿਸ ਮਨੁੱਖ ਉੱਤੇ ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਉਸ ਨੂੰ ਗੁਰੂ ਦਾ ਮਿਲਾਪ ਹਾਸਲ ਹੁੰਦਾ ਹੈ।
52764	1226	ਹਰਿ ਚਰਨ ਰਾਸਿ ਨਾਨਕ ਪਾਈ ਲਗਾ ਪ੍ਰਭ ਸਿਉ ਰੰਗੁ॥੨॥੯੩॥੧੧੬॥		Har Charan Raas Naanak Paaee Lagaa Prabh Sio Rang ||2||93||116||	Nanak has found the wealth of the Lotus Feet of the Lord; he is imbued with the Love of God. ||2||93||116||	ਹੇ ਨਾਨਕ! ਉਹ ਮਨੁੱਖ ਪ੍ਰਭੂ ਦੇ ਚਰਨਾਂ ਦੀ ਪ੍ਰੀਤ ਦਾ ਸਰਮਾਇਆ ਪ੍ਰਾਪਤ ਕਰ ਲੈਂਦਾ ਹੈ, ਉਸ ਦਾ ਪ੍ਰਭੂ ਨਾਲ ਪਿਆਰ ਬਣ ਜਾਂਦਾ ਹੈ ॥੨॥੯੩॥੧੧੬॥
52765	1226	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52766	1226	ਮਾਈ ਰੀ ਪੇਖਿ ਰਹੀ ਬਿਸਮਾਦ॥		Maaee Ree Paekh Rehee Bisamaadh ||	O mother, I am wonder-struck, gazing upon the Lord.	ਹੇ (ਮੇਰੀ) ਮਾਂ! (ਪ੍ਰਭੂ ਦੇ ਕੌਤਕ) ਵੇਖ ਕੇ ਮੈਂ ਹੈਰਾਨ ਹੋ ਰਹੀ ਹਾਂ।
52767	1226	ਅਨਹਦ ਧੁਨੀ ਮੇਰਾ ਮਨੁ ਮੋਹਿਓ ਅਚਰਜ ਤਾ ਕੇ ਸ੍ਵਾਦ॥੧॥ਰਹਾਉ॥	(ਸੁਆਦ) ਅ-ਚਰਜ	Anehadh Dhhunee Maeraa Man Mohiou Acharaj Thaa Kae Svaadh ||1|| Rehaao ||	My mind is enticed by the unstruck celestial melody; its flavor is amazing! ||1||Pause||	ਜਿਸ ਪ੍ਰਭੂ ਦੀ ਜੀਵਨ-ਰੌ ਇਕ-ਰਸ (ਸਾਰੇ ਜਗਤ ਵਿਚ) ਰੁਮਕ ਰਹੀ ਹੈ ਉਸ ਨੇ ਮੇਰਾ ਮਨ ਮੋਹ ਲਿਆ ਹੈ, ਉਸ ਦੇ (ਮਿਲਾਪ ਦੇ) ਆਨੰਦ ਭੀ ਹੈਰਾਨ ਕਰਨ ਵਾਲੇ ਹਨ ॥੧॥ ਰਹਾਉ ॥

52768	1226	ਮਾਤ ਪਿਤਾ ਬੰਧਪ ਹੈ ਸੋਈ ਮਨਿ ਹਰਿ ਕੋ ਅਹਿਲਾਦ॥	ਅਹਿ-ਲਾਦ	Maath Pithaa Bandhhap Hai Soee Man Har Ko Ahilaadh ||	He is my Mother, Father and Relative. My mind delights in the Lord.	ਹੇ ਮਾਂ! (ਸਭ ਜੀਵਾਂ ਦਾ) ਮਾਂ ਪਿਉ ਸਨਬੰਧੀ ਉਹ ਪ੍ਰਭੂ ਹੀ ਹੈ। (ਮੇਰੇ) ਮਨ ਵਿਚ ਉਸ ਪ੍ਰਭੂ (ਦੇ ਮਿਲਾਪ) ਦਾ ਹੁਲਾਰਾ ਆ ਰਿਹਾ ਹੈ।
52769	1226	ਸਾਧਸੰਗਿ ਗਾਏ ਗੁਨ ਗੋਬਿੰਦ ਬਿਨਸਿਓ ਸਭੁ ਪਰਮਾਦ॥੧॥		Saadhhasang Gaaeae Gun Gobindh Binasiou Sabh Paramaadh ||1||	Singing the Glorious Praises of the Lord of the Universe in the Saadh Sangat, the Company of the Holy, all my illusions are dispelled. ||1||	ਹੇ ਮਾਂ! ਜਿਸ ਮਨੁੱਖ ਨੇ ਸਾਧ ਸੰਗਤ ਵਿਚ (ਟਿਕ ਕੇ) ਉਸ ਦੀ ਸਿਫ਼ਤ-ਸਾਲਾਹ ਦੇ ਗੀਤ ਗਾਏ ਹਨ, ਉਸ ਦਾ ਸਾਰਾ ਭਰਮ-ਭੁਲੇਖਾ ਦੂਰ ਹੋ ਗਿਆ ॥੧॥
52770	1226	ਡੋਰੀ ਲਪਟਿ ਰਹੀ ਚਰਨਹ ਸੰਗਿ ਭ੍ਰਮ ਭੈ ਸਗਲੇ ਖਾਦ॥		Ddoree Lapatt Rehee Charaneh Sang Bhram Bhai Sagalae Khaadh ||	I am lovingly attached to His Lotus Feet; my doubt and fear are totally consumed.	ਜਿਸ ਮਨੁੱਖ ਦੇ ਚਿੱਤ ਦੀ ਡੋਰ ਪ੍ਰਭੂ ਦੇ ਚਰਨਾਂ ਨਾਲ ਜੁੜੀ ਰਹਿੰਦੀ ਹੈ, ਉਸ ਦੇ ਸਾਰੇ ਭਰਮ ਸਾਰੇ ਡਰ ਮੁੱਕ ਜਾਂਦੇ ਹਨ।
52771	1226	ਏਕੁ ਅਧਾਰੁ ਨਾਨਕ ਜਨ ਕੀਆ ਬਹੁਰਿ ਨ ਜੋਨਿ ਭ੍ਰਮਾਦ॥੨॥੯੪॥੧੧੭॥		Eaek Adhhaar Naanak Jan Keeaa Bahur N Jon Bhramaadh ||2||94||117||	Servant Nanak has taken the Support of the One Lord. He shall not wander in reincarnation ever again. ||2||94||117||	ਹੇ ਦਾਸ ਨਾਨਕ! ਜਿਸ ਨੇ ਸਿਰਫ਼ ਹਰਿ-ਨਾਮ ਨੂੰ ਆਪਣੀ ਜ਼ਿੰਦਗੀ ਦਾ ਆਸਰਾ ਬਣਾ ਲਿਆ, ਉਹ ਮੁੜ ਮੁੜ ਜੂਨਾਂ ਵਿਚ ਨਹੀਂ ਭਟਕਦਾ ॥੨॥੯੪॥੧੧੭॥
52772	1227	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52773	1227	ਮਾਈ ਰੀ ਮਾਤੀ ਚਰਣ ਸਮੂਹ॥	ਮੱਾਤੀ	Maaee Ree Maathee Charan Samooh ||	O mother, I am totally intoxicated with the Lord's Feet.	ਹੇ (ਮੇਰੀ) ਮਾਂ! ਮੈਂ ਤਾਂ ਪ੍ਰਭੂ ਦੇ ਚਰਨਾਂ ਵਿਚ ਪੂਰਨ ਤੌਰ ਤੇ ਮਸਤ ਰਹਿੰਦੀ ਹਾਂ।
52774	1227	ਏਕਸੁ ਬਿਨੁ ਹਉ ਆਨ ਨ ਜਾਨਉ ਦੁਤੀਆ ਭਾਉ ਸਭ ਲੂਹ॥੧॥ਰਹਾਉ॥		Eaekas Bin Ho Aan N Jaano Dhutheeaa Bhaao Sabh Looh ||1|| Rehaao ||	I know of none other than the Lord. I have totally burnt off my sense of duality. ||1||Pause||	ਉਸ ਇੱਕ ਤੋਂ ਬਿਨਾ ਮੈਂ ਕਿਸੇ ਹੋਰ ਨੂੰ ਜਾਣਦੀ-ਪਛਾਣਦੀ ਹੀ ਨਹੀਂ, (ਆਪਣੇ ਅੰਦਰੋਂ) ਹੋਰ ਦਾ ਪਿਆਰ ਮੈਂ ਸਾਰਾ ਸਾੜ ਚੁਕੀ ਹਾਂ ॥੧॥ ਰਹਾਉ ॥
52775	1227	ਤਿਆਗਿ ਗੋਪਾਲ ਅਵਰ ਜੋ ਕਰਣਾ ਤੇ ਬਿਖਿਆ ਕੇ ਖੂਹ॥	ਗੋ: ਹੋੜੇ ਔਂਕੜ ਵਿਚਾਲੇ ਬੋਲੋ	Thiaag Guopaal Avar Jo Karanaa Thae Bikhiaa Kae Khooh ||	To abandon the Lord of the World, and become involved with anything else, is to fall into the pit of corruption.	ਹੇ ਮਾਂ! ਪ੍ਰਭੂ ਨੂੰ ਭੁਲਾ ਕੇ ਹੋਰ ਜਿਹੜੇ ਜਿਹੜੇ ਕੰਮ ਕਰੀਦੇ ਹਨ, ਉਹ ਸਾਰੇ ਮਾਇਆ (ਦੇ ਮੋਹ) ਦੇ ਖੂਹ ਵਿਚ ਸੁੱਟਦੇ ਹਨ।
52776	1227	ਦਰਸ ਪਿਆਸ ਮੇਰਾ ਮਨੁ ਮੋਹਿਓ ਕਾਢੀ ਨਰਕ ਤੇ ਧੂਹ॥੧॥		Dharas Piaas Maeraa Man Mohiou Kaadtee Narak Thae Dhhooh ||1||	My mind is enticed, thirsty for the Blessed Vision of His Darshan. He has lifted me up and out of hell. ||1||	ਹੇ ਮਾਂ! ਮੇਰਾ ਮਨ ਤਾਂ ਗੋਪਾਲ ਦੇ ਦਰਸਨ ਦੀ ਤਾਂਘ ਵਿਚ ਮਗਨ ਰਹਿੰਦਾ ਹੈ। ਮੈਨੂੰ ਉਸ ਨੇ ਨਰਕਾਂ ਤੋ ਖਿੱਚ ਕੇ ਕੱਢ ਲਿਆ ਹੈ ॥੧॥
52777	1227	ਸੰਤ ਪ੍ਰਸਾਦਿ ਮਿਲਿਓ ਸੁਖਦਾਤਾ ਬਿਨਸੀ ਹਉਮੈ ਹੂਹ॥		Santh Prasaadh Miliou Sukhadhaathaa Binasee Houmai Hooh ||	By the Grace of the Saints, I have met the Lord, the Giver of peace; the noise of egotism has been stilled.	ਜਿਸ ਮਨੁੱਖ ਨੂੰ ਗੁਰੂ ਦੀ ਕਿਰਪਾ ਨਾਲ ਸਾਰੇ ਸੁਖਾਂ ਦਾ ਦੇਣ ਵਾਲਾ ਪ੍ਰਭੂ ਮਿਲ ਪੈਂਦਾ ਹੈ, (ਉਸ ਦੇ ਅੰਦਰੋਂ) ਹਉਮੈ ਦਾ ਰੌਲਾ ਮੁੱਕ ਜਾਂਦਾ ਹੈ।

52778	1227	ਰਾਮ ਰੰਗਿ ਰਾਤੇ ਦਾਸ ਨਾਨਕ ਮਉਲਿਓ ਮਨੁ ਤਨੁ ਜੂਹ॥੨॥੯੫॥੧੧੮॥	ਮਉਲਿਓ: ਕਸਕੇ	Raam Rang Raathae Dhaas Naanak Mouliou Man Than Jooh ||2||95||118||	Slave Nanak is imbued with the Love of the Lord; the forests of his mind and body have blossomed forth. ||2||95||118||	ਹੇ ਦਾਸ ਨਾਨਕ! ਜਿਹੜੇ ਮਨੁੱਖ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹਨਾਂ ਦਾ ਮਨ ਉਹਨਾਂ ਦਾ ਤਨ (ਇਉਂ) ਹਰਾ-ਭਰਾ ਹੋ ਜਾਂਦਾ ਹੈ (ਜਿਵੇਂ ਮੀਂਹ ਪੈਣ ਨਾਲ) ਜੂਹ (ਘਾਹ ਨਾਲ ਹਰੀ ਹੋ ਜਾਂਦੀ ਹੈ) ॥੨॥੯੫॥੧੧੮॥
52779	1227	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52780	1227	ਬਿਨਸੇ ਕਾਚ ਕੇ ਬਿਉਹਾਰ॥		Binasae Kaach Kae Biouhaar ||	The false dealings are finished.	ਕੱਚ (-ਸਮਾਨ ਮਾਇਆ ਦੀ ਖ਼ਾਤਰ) ਸਾਰੀਆਂ ਦੌੜਾਂ-ਭੱਜਾਂ ਵਿਅਰਥ ਜਾਂਦੀਆਂ ਹਨ।
52781	1227	ਰਾਮ ਭਜੁ ਮਿਲਿ ਸਾਧਸੰਗਤਿ ਇਹੈ ਜਗ ਮਹਿ ਸਾਰ॥੧॥ਰਹਾਉ॥		Raam Bhaj Mil Saadhhasangath Eihai Jag Mehi Saar ||1|| Rehaao ||	Join the Saadh Sangat, the Company of the Holy, and meditate, vibrate on the Lord. This is the most excellent thing in the world. ||1||Pause||	ਸਾਧ ਸੰਗਤ ਵਿਚ ਮਿਲ ਕੇ ਪਰਮਾਤਮਾ ਦਾ ਭਜਨ ਕਰਿਆ ਕਰ। ਜਗਤ ਵਿਚ ਇਹੀ ਕੰਮ ਸ੍ਰੇਸ਼ਟ ਹੈ ॥੧॥ ਰਹਾਉ ॥
52782	1227	ਈਤ ਊਤ ਨ ਡੋਲਿ ਕਤਹੂ ਨਾਮੁ ਹਿਰਦੈ ਧਾਰਿ॥		Eeth Ooth N Ddol Kathehoo Naam Hiradhai Dhhaar ||	Here and hereafter, you shall never waver; enshrine the Naam, the Name of the Lord, within your heart.	ਪਰਮਾਤਮਾ ਦਾ ਨਾਮ (ਆਪਣੇ) ਹਿਰਦੇ ਵਿਚ ਵਸਾਈ ਰੱਖ (ਇਸ ਦੀ ਬਰਕਤਿ ਨਾਲ) ਨਾਹ ਇਸ ਲੋਕ ਵਿਚ ਨਾਹ ਪਰਲੋਕ ਵਿਚ ਕਿਤੇ ਭੀ ਨਹੀਂ ਡੋਲੇਂਗਾ।

52783	1227	ਗੁਰ ਚਰਨ ਬੋਹਿਥ ਮਿਲਿਓ ਭਾਗੀ ਉਤਰਿਓ ਸੰਸਾਰ॥੧॥	ਗੁਰ ਚਰਨ ਬੋਹਿਥ ਮਿਲਣੇ ਕਰਕੇ, (ਭਾਗੀ) ਵੱਡੇ ਭਾਗਾਂ ਵਾਲੇ ਬਣ ਗਏ	Gur Charan Bohithh Miliou Bhaagee Outhariou Sansaar ||1||	The boat of the Guru's Feet is found by great good fortune; it shall carry you across the world-ocean. ||1||	ਜਿਸ ਮਨੁੱਖ ਨੂੰ ਕਿਸਮਤ ਨਾਲ ਗੁਰੂ ਦੇ ਚਰਨਾਂ ਦਾ ਜਹਾਜ਼ ਮਿਲ ਜਾਂਦਾ ਹੈ, ਉਹ ਸੰਸਾਰ (ਸਮੁੰਦਰ) ਤੋਂ ਪਾਰ ਲੰਘ ਜਾਂਦਾ ਹੈ ॥੧॥
52784	1227	ਜਲਿ ਥਲਿ ਮਹੀਅਲਿ ਪੂਰਿ ਰਹਿਓ ਸਰਬ ਨਾਥ ਅਪਾਰ॥		Jal Thhal Meheeal Poor Rehiou Sarab Naathh Apaar ||	The Infinite Lord is totally permeating and pervading the water, the land and the sky.	ਜਿਹੜਾ ਪ੍ਰਭੂ ਜਲ ਵਿਚ ਥਲ ਵਿਚ ਆਕਾਸ਼ ਵਿਚ ਭਰਪੂਰ ਹੈ, ਜੋ ਸਭ ਜੀਵਾਂ ਦਾ ਖਸਮ ਹੈ, ਜੋ, ਬੇਅੰਤ ਹੈ,
52785	1227	ਹਰਿ ਨਾਮੁ ਅੰਮ੍ਰਿਤੁ ਪੀਉ ਨਾਨਕ ਆਨ ਰਸ ਸਭਿ ਖਾਰ॥੨॥੯੬॥੧੧੯॥		Har Naam Anmrith Peeo Naanak Aan Ras Sabh Khaar ||2||96||119||	Drink in the Ambrosial Nectar of the Lord's Name; O Nanak, all other tastes are bitter. ||2||96||119||	ਹੇ ਨਾਨਕ! ਉਸ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਰਿਹਾ ਕਰ, (ਹਰਿ-ਨਾਮ-ਜਲ ਦੇ ਟਾਕਰੇ ਤੇ) ਹੋਰ ਸਾਰੇ ਰਸ ਕੌੜੇ ਹਨ ॥੨॥੯੬॥੧੧੯॥
52786	1227	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52787	1227	ਤਾ ਤੇ ਕਰਣ ਪਲਾਹ ਕਰੇ॥	ਦੁੱਖ ਦਾ ਵਿੰਨ੍ਹਿਆਂ ਪਲਾਹ ਰੋਂਦਾ ਕੀਰਨੇ ਪਾਉਂਦਾ, ਬਕਵਾਦ	Thaa Thae Karan Palaah Karae ||	You whine and cry	ਇਸ (ਮਾਇਆ) ਵਾਸਤੇ (ਮਨੁੱਖ ਸਦਾ ਹੀ) ਤਰਸ-ਭਰੇ ਕੀਰਨੇ ਕਰਦਾ ਰਹਿੰਦਾ ਹੈ,

52788	1227	ਮਹਾ ਬਿਕਾਰ ਮੋਹ ਮਦ ਮਾਤੌ ਸਿਮਰਤ ਨਾਹਿ ਹਰੇ॥੧॥ਰਹਾਉ॥	ਮੱਾਤੌ	Mehaa Bikaar Moh Madh Maatha Simarath Naahi Harae ||1|| Rehaao ||	- you are intoxicated with the great corruption of attachment and pride, but you do not remember the Lord in meditation. ||1||Pause||	ਮਨੁੱਖ ਮੋਹ ਹਉਮੈ (ਆਦਿਕ) ਵੱਡੇ ਵੱਡੇ ਵਿਕਾਰਾਂ ਵਿਚ ਮਗਨ ਰਹਿੰਦਾ ਹੈ, ਪਰਮਾਤਮਾ ਦਾ ਨਾਮ ਨਹੀਂ ਸਿਮਰਦਾ ॥੧॥ ਰਹਾਉ ॥
52789	1227	ਸਾਧਸੰਗਿ ਜਪਤੇ ਨਾਰਾਇਣ ਤਿਨ ਕੇ ਦੋਖ ਜਰੇ॥		Saadhhasang Japathae Naaraaein Thin Kae Dhokh Jarae ||	Those who meditate on the Lord in the Saadh Sangat, the Company of the Holy - the guilt of their minstakes is burnt away.	ਜਿਹੜੇ ਮਨੁੱਖ ਸਾਧ ਸੰਗਤ ਵਿਚ (ਟਿਕ ਕੇ) ਪਰਮਾਤਮਾ ਦਾ ਨਾਮ ਜਪਦੇ ਰਹਿੰਦੇ ਹਨ, ਉਹਨਾਂ ਦੇ (ਅੰਦਰੋਂ ਸਾਰੇ) ਪਾਪ ਸੜ ਜਾਂਦੇ ਹਨ।
52790	1227	ਸਫਲ ਦੇਹ ਧੰਨਿ ਓਇ ਜਨਮੇ ਪ੍ਰਭ ਕੈ ਸੰਗਿ ਰਲੇ॥੧॥		Safal Dhaeh Dhann Oue Janamae Prabh Kai Sang Ralae ||1||	Fruitful is the body, and blessed is the birth of those who merge with God. ||1||	ਜਿਹੜੇ ਮਨੁੱਖ ਪ੍ਰਭੂ ਦੇ ਨਾਲ (ਦੇ ਚਰਨਾਂ ਵਿਚ) ਜੁੜੇ ਰਹਿੰਦੇ ਹਨ, ਉਹ ਭਾਗਾਂ ਵਾਲੇ ਹਨ, ਉਹਨਾਂ ਦਾ ਜਨਮ ਉਹਨਾਂ ਦਾ ਸਰੀਰ ਸਫਲ ਹੋ ਜਾਂਦਾ ਹੈ ॥੧॥
52791	1227	ਚਾਰਿ ਪਦਾਰਥ ਅਸਟ ਦਸਾ ਸਿਧਿ ਸਭ ਊਪਰਿ ਸਾਧ ਭਲੇ॥		Chaar Padhaarathh Asatt Dhasaa Sidhh Sabh Oopar Saadhh Bhalae ||	The four great blessings, and the eighteen supernatural spiritual powers - above all these are the Holy Saints.	(ਧਰਮ, ਅਰਥ, ਕਾਮ, ਮੋਖ- ਇਹ) ਚਾਰ ਪਦਾਰਥ ਅਤੇ ਅਠਾਰਾਂ ਸਿੱਧੀਆਂ (ਲੋਕ ਇਹਨਾਂ ਦੀ ਖ਼ਾਤਰ ਤਰਲੇ ਲੈਂਦੇ ਹਨ, ਪਰ ਇਹਨਾਂ) ਸਭਨਾਂ ਤੋਂ ਸੰਤ ਜਨ ਸ੍ਰੇਸ਼ਟ ਹਨ।

52792	1227	ਨਾਨਕ ਦਾਸ ਧੂਰਿ ਜਨ ਬਾਂਛੈ ਉਧਰਹਿ ਲਾਗਿ ਪਲੇ॥੨॥੯੭॥੧੨੦॥	ਉਧਰ-ਹਿ। ਪੱਲੇ	Naanak Dhaas Dhhoor Jan Baanshhai Oudhharehi Laag Palae ||2||97||120||	Slave Nanak longs for the dust of the feet of the humble; attached to the hem of His robe, he is saved. ||2||97||120||	ਦਾਸ ਨਾਨਕ ਤਾਂ ਸੰਤ ਜਨਾਂ ਦੇ ਚਰਨਾਂ ਦੀ ਧੂੜ (ਨਿੱਤ) ਮੰਗਦਾ ਹੈ। (ਸੰਤ ਜਨਾਂ ਦੇ) ਲੜ ਲੱਗ ਕੇ (ਅਨੇਕਾਂ ਜੀਵ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ ॥੨॥੯੭॥੧੨੦॥
52793	1227	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52794	1227	ਹਰਿ ਕੇ ਨਾਮ ਕੇ ਜਨ ਕਾਂਖੀ॥		Har Kae Naam Kae Jan Kaankhee ||	The Lord's humble servants yearn for the Lord's Name.	ਪਰਮਾਤਮਾ ਦੇ ਸੇਵਕ ਪਰਮਾਤਮਾ ਦੇ ਨਾਮ ਦੇ ਚਾਹਵਾਨ ਰਹਿੰਦੇ ਹਨ।
52795	1227	ਮਨਿ ਤਨਿ ਬਚਨਿ ਏਹੀ ਸੁਖੁ ਚਾਹਤ ਪ੍ਰਭ ਦਰਸੁ ਦੇਖਹਿ ਕਬ ਆਖੀ॥੧॥ਰਹਾਉ॥	ਆਖੀਂ	Man Than Bachan Eaehee Sukh Chaahath Prabh Dharas Dhaekhehi Kab Aakhee ||1|| Rehaao ||	In thought, word and deed, they long for this peace, to gaze with their eyes upon the Blessed Vision of God's Darshan. ||1||Pause||	ਆਪਣੇ ਮਨ ਦੀ ਰਾਹੀਂ, ਤਨ ਦੀ ਰਾਹੀਂ ਬਚਨ ਦੀ ਰਾਹੀਂ ਉਹ ਸਦਾ ਇਹੀ ਸੁਖ ਲੋੜਦੇ ਹਨ ਕਿ ਕਦੋਂ ਆਪਣੀਆਂ ਅੱਖਾਂ ਨਾਲ ਪਰਮਾਤਮਾ ਦਾ ਦਰਸਨ ਕਰਾਂਗੇ ॥੧॥ ਰਹਾਉ ॥
52796	1227	ਤੂ ਬੇਅੰਤੁ ਪਾਰਬ੍ਰਹਮ ਸੁਆਮੀ ਗਤਿ ਤੇਰੀ ਜਾਇ ਨ ਲਾਖੀ॥		Thoo Baeanth Paarabreham Suaamee Gath Thaeree Jaae N Laakhee ||	You are Endless, O God, my Supreme Lord and Master; Your state cannot be known.	ਹੇ ਪਾਰਬ੍ਰਹਮ! ਹੇ ਮਾਲਕ-ਪ੍ਰਭੂ! ਤੇਰਾ ਅੰਤ ਨਹੀਂ ਪਾਇਆ ਜਾ ਸਕਦਾ, ਤੂੰ ਕਿਹੋ ਜਿਹਾ ਹੈਂ-ਇਹ ਗੱਲ ਬਿਆਨ ਨਹੀਂ ਕੀਤੀ ਜਾ ਸਕਦੀ।

52797	1227	ਚਰਨਕਮਲ ਪ੍ਰੀਤਿ ਮਨੁ ਬੇਧਿਆ ਕਰਿ ਸਰਬਸੁ ਅੰਤਰਿ ਰਾਖੀ॥੧॥	ਸਰਬਸੁ: ਪੋਲਾ ਬੋਲੋ	Charan Kamal Preeth Man Baedhhiaa Kar Sarabas Anthar Raakhee ||1||	My mind is pierced through by the Love of Your Lotus Feet; this is everything to me - I enshrine it deep within my being. ||1||	(ਪਰ ਤੇਰੇ ਸੰਤ ਜਨਾਂ ਦਾ) ਮਨ ਤੇਰੇ ਸੋਹਣੇ ਚਰਨਾਂ ਦੀ ਪ੍ਰੀਤ ਵਿਚ ਪ੍ਰੋਇਆ ਰਹਿੰਦਾ ਹੈ। ਇਸ ਪ੍ਰੀਤ ਨੂੰ ਹੀ ਉਹ (ਜਗਤ ਦਾ) ਸਾਰਾ ਧਨ-ਪਦਾਰਥ ਸਮਝ ਕੇ ਆਪਣੇ ਅੰਦਰ ਟਿਕਾਈ ਰੱਖਦੇ ਹਨ ॥੧॥
52798	1227	ਬੇਦ ਪੁਰਾਨ ਸਿਮ੍ਰਿਤਿ ਸਾਧੂ ਜਨ ਇਹ ਬਾਣੀ ਰਸਨਾ ਭਾਖੀ॥	ਸਿਮ-ਰ੍ਿਤਿ	Baedh Puraan Simrith Saadhhoo Jan Eih Baanee Rasanaa Bhaakhee ||	In the Vedas, the Puraanas and the Simritees, the humble and the Holy chant this Bani with their tongues.	ਵੇਦ ਪੁਰਾਣ ਸਿੰਮ੍ਰਿਤੀਆਂ (ਆਦਿਕ ਧਰਮ-ਪੁਸਤਕਾਂ ਦਾ ਪਾਠ) ਸੰਤ ਜਨ, ਆਪਣੀ ਜੀਭ ਨਾਲ ਇਹੀ ਸਿਫ਼ਤ-ਸਾਲਾਹ ਦੀ ਬਾਣੀ ਹੀ ਉਚਾਰਦੇ ਹਨ।
52799	1227	ਜਪਿ ਰਾਮ ਨਾਮੁ ਨਾਨਕ ਨਿਸਤਰੀਐ ਹੋਰੁ ਦੁਤੀਆ ਬਿਰਥੀ ਸਾਖੀ॥੨॥੯੮॥੧੨੧॥		Jap Raam Naam Naanak Nisathareeai Hor Dhutheeaa Birathhee Saakhee ||2||98||121||	Chanting the Lord's Name, O Nanak, I am emancipated; other teachings of duality are useless. ||2||98||121||	ਹੇ ਨਾਨਕ! ਪਰਮਾਤਮਾ ਦਾ ਨਾਮ ਸਿਮਰ ਕੇ (ਹੀ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ। ਇਸ ਤੋਂ ਬਿਨਾ ਕੋਈ ਹੋਰ ਦੂਜੀ ਗੱਲ ਵਿਅਰਥ ਹੈ ॥੨॥੯੮॥੧੨੧॥
52800	1227	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52801	1227	ਮਾਖੀ ਰਾਮ ਕੀ ਤੂ ਮਾਖੀ॥		Maakhee Raam Kee Thoo Maakhee ||	A fly! You are just a fly, created by the Lord.	ਹੇ ਮਾਇਆ! ਤੂੰ ਮੱਖੀ ਹੈਂ, ਪਰਮਾਤਮਾ ਦੀ ਪੈਦਾ ਕੀਤੀ ਹੋਈ ਮੱਖੀ (ਦੇ ਸੁਭਾਵ ਵਾਲੀ)।

52802	1227	ਜਹ ਦੁਰਗੰਧ ਤਹਾ ਤੂ ਬੈਸਹਿ ਮਹਾ ਬਿਖਿਆ ਮਦ ਚਾਖੀ॥੧॥ਰਹਾਉ॥		Jeh Dhuragandhh Thehaa Thoo Baisehi Mehaa Bikhiaa Madh Chaakhee ||1|| Rehaao ||	Wherever it stinks, you land there; you suck in the most toxic stench. ||1||Pause||	(ਜਿਵੇਂ ਮੱਖੀ ਸਦਾ ਗੰਦ ਉਤੇ ਬੈਠਦੀ ਹੈ, ਤਿਵੇਂ) ਜਿੱਥੇ ਵਿਕਾਰਾਂ ਦੀ ਬੋ ਹੁੰਦੀ ਹੈ ਤੂੰ ਉਥੇ ਬੈਠਦੀ ਹੈਂ, ਤੂੰ ਸਦਾ ਵਿਕਾਰਾਂ ਦਾ ਨਸ਼ਾ ਹੀ ਚੱਖਦੀ ਰਹਿੰਦੀ ਹੈਂ ॥੧॥ ਰਹਾਉ ॥
52803	1227	ਕਿਤਹਿ ਅਸਥਾਨਿ ਤੂ ਟਿਕਨੁ ਨ ਪਾਵਹਿ ਇਹ ਬਿਧਿ ਦੇਖੀ ਆਖੀ॥	ਆਖੀਂ	Kithehi Asathhaan Thoo Ttikan N Paavehi Eih Bidhh Dhaekhee Aakhee ||	You don't stay put anywhere; I have seen this with my eyes.	ਹੇ ਮਾਇਆ! ਅਸਾਂ ਆਪਣੀ ਅੱਖੀਂ ਤੇਰਾ ਇਹ ਹਾਲ ਵੇਖਿਆ ਹੈ ਕਿ ਤੂੰ ਕਿਸੇ ਭੀ ਇੱਕ ਥਾਂ ਤੇ ਟਿਕਦੀ ਨਹੀਂ ਹੈਂ।
52804	1227	ਸੰਤਾ ਬਿਨੁ ਤੈ ਕੋਇ ਨ ਛਾਡਿਆ ਸੰਤ ਪਰੇ ਗੋਬਿਦ ਕੀ ਪਾਖੀ॥੧॥		Santhaa Bin Thai Koe N Shhaaddiaa Santh Parae Gobidh Kee Paakhee ||1||	You have not spared anyone, except the Saints - the Saints are on the side of the Lord of the Universe. ||1||	ਸੰਤਾਂ ਤੋਂ ਬਿਨਾ ਤੂੰ ਕਿਸੇ ਨੂੰ (ਖ਼ੁਆਰ ਕਰਨੋਂ) ਛੱਡਿਆ ਨਹੀਂ (ਉਹ ਭੀ ਇਸ ਵਾਸਤੇ ਬਚਦੇ ਹਨ ਕਿ) ਸੰਤ ਪਰਮਾਤਮਾ ਦੀ ਸਰਨ ਪਏ ਰਹਿੰਦੇ ਹਨ ॥੧॥
52805	1227	ਜੀਅ ਜੰਤ ਸਗਲੇ ਤੈ ਮੋਹੇ ਬਿਨੁ ਸੰਤਾ ਕਿਨੈ ਨ ਲਾਖੀ॥		Jeea Janth Sagalae Thai Mohae Bin Santhaa Kinai N Laakhee ||	You have enticed all beings and creatures; no one knows You, except the Saints.	ਹੇ ਮਾਇਆ! (ਜਗਤ ਦੇ ਸਾਰੇ ਹੀ) ਜੀਵ ਤੂੰ ਆਪਣੇ ਵੱਸ ਵਿਚ ਕੀਤੇ ਹੋਏ ਹਨ, ਸੰਤਾਂ ਤੋਂ ਬਿਨਾ ਕਿਸੇ ਭੀ ਹੋਰ ਨੇ ਇਹ ਗੱਲ ਨਹੀਂ ਸਮਝੀ।

52806	1227	ਨਾਨਕ ਦਾਸੁ ਹਰਿ ਕੀਰਤਨਿ ਰਾਤਾ ਸਬਦੁ ਸੁਰਤਿ ਸਚੁ ਸਾਖੀ॥੨॥੯੯॥੧੨੨॥		Naanak Dhaas Har Keerathan Raathaa Sabadh Surath Sach Saakhee ||2||99||122||	Slave Nanak is imbued with the Kirtan of the Lord's Praises. Focusing his consciousness on the Word of the Shabad, he realizes the Presence of the True Lord. ||2||99||122||	ਹੇ ਨਾਨਕ! ਪਰਮਾਤਮਾ ਦਾ ਸੰਤ ਪਰਮਾਤਮਾ ਦੀ ਸਿਫ਼ਤ-ਸਾਲਾਹ (ਦੇ ਰੰਗ) ਵਿਚ ਰੰਗਿਆ ਰਹਿੰਦਾ ਹੈ, ਸੰਤ (ਗੁਰੂ ਦੇ) ਸ਼ਬਦ ਨੂੰ ਆਪਣੀ ਸੁਰਤ ਵਿਚ ਟਿਕਾ ਕੇ ਸਦਾ-ਥਿਰ ਪ੍ਰਭੂ ਦਾ ਦਰਸ਼ਨ ਕਰਦਾ ਰਹਿੰਦਾ ਹੈ ॥੨॥੯੯॥੧੨੨॥
52807	1227	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52808	1227	ਮਾਈ ਰੀ ਕਾਟੀ ਜਮ ਕੀ ਫਾਸ॥		Maaee Ree Kaattee Jam Kee Faas ||	O mother, the noose of Death has been cut away.	ਹੇ ਮਾਂ! ਪਰਮਾਤਮਾ ਦਾ ਨਾਮ ਜਪਦਿਆਂ (ਜਿਨ੍ਹਾਂ ਵਡ-ਭਾਗੀਆਂ ਦੀ) ਆਤਮਕ ਮੌਤ ਲਿਆਉਣ ਵਾਲੀ ਮਾਇਆ ਦੇ ਮੋਹ ਦੀ ਫਾਹੀ ਕੱਟੀ ਗਈ,
52809	1227	ਹਰਿ ਹਰਿ ਜਪਤ ਸਰਬ ਸੁਖ ਪਾਏ ਬੀਚੇ ਗ੍ਰਸਤ ਉਦਾਸ॥੧॥ਰਹਾਉ॥	ਗ੍ਰਸਤ	Har Har Japath Sarab Sukh Paaeae Beechae Grasath Oudhaas ||1|| Rehaao ||	Chanting the Name of the Lord, Har, Har, I have found total peace. I remain unattached in the midst of my household. ||1||Pause||	ਉਹਨਾਂ ਸਾਰੇ ਸੁਖ ਮਾਣ ਲਏ, ਉਹ ਗ੍ਰਿਹਸਤ ਵਿਚ ਰਹਿੰਦਿਆਂ ਹੀ (ਮਾਇਆ ਦੇ ਮੋਹ ਤੋਂ) ਉਪਰਾਮ ਰਹਿੰਦੇ ਹਨ ॥੧॥ ਰਹਾਉ ॥

52810	1228	ਕਰਿ ਕਿਰਪਾ ਲੀਨੇ ਕਰਿ ਅਪੁਨੇ ਉਪਜੀ ਦਰਸ ਪਿਆਸ॥		Kar Kirapaa Leenae Kar Apunae Oupajee Dharas Piaas ||	Granting His Grace, He has made me His Own. The thirst for the Blessed Vision of His Darshan wells up within me.	ਹੇ ਮਾਂ! ਮਿਹਰ ਕਰ ਕੇ (ਜਿਨ੍ਹਾਂ ਨੂੰ ਪਰਮਾਤਮਾ ਨੇ) ਆਪਣੇ ਬਣਾ ਲਿਆ, ਉਹਨਾਂ ਦੇ ਅੰਦਰ ਪ੍ਰਭੂ ਦੇ ਦਰਸਨ ਦੀ ਤਾਂਘ ਪੈਦਾ ਹੋ ਜਾਂਦੀ ਹੈ,
52811	1228	ਸੰਤਸੰਗਿ ਮਿਲਿ ਹਰਿ ਗੁਣ ਗਾਏ ਬਿਨਸੀ ਦੁਤੀਆ ਆਸ॥੧॥		Santhasang Mil Har Gun Gaaeae Binasee Dhutheeaa Aas ||1||	Joining the Society of the Saints, I sing the Glorious Praises of the Lord; I have given up other hopes. ||1||	ਉਹ ਮਨੁੱਖ ਸਾਧ ਸੰਗਤ ਵਿਚ ਮਿਲ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਹਨ, (ਉਹਨਾਂ ਦੇ ਅੰਦਰੋਂ ਪਰਮਾਤਮਾ ਤੋਂ ਬਿਨਾ) ਕੋਈ ਹੋਰ ਦੂਜੀ ਟੇਕ ਮੁੱਕ ਜਾਂਦੀ ਹੈ ॥੧॥
52812	1228	ਮਹਾ ਉਦਿਆਨ ਅਟਵੀ ਤੇ ਕਾਢੇ ਮਾਰਗੁ ਸੰਤ ਕਹਿਓ॥		Mehaa Oudhiaan Attavee Thae Kaadtae Maarag Santh Kehiou ||	The Saint has pulled me out of the utterly desolate wilderness, and shown me the path.	ਜਿਨ੍ਹਾਂ ਨੂੰ ਸੰਤ ਜਨਾਂ ਨੇ (ਸਹੀ ਜੀਵਨ-) ਰਾਹ ਦੱਸ ਦਿੱਤਾ, ਉਹਨਾਂ ਨੂੰ ਉਹਨਾਂ ਨੇ ਵੱਡੇ ਸੰਘਣੇ ਜੰਗਲ (ਵਰਗੇ ਸੰਸਾਰ-ਬਨ) ਤੋਂ ਬਾਹਰ ਕੱਢ ਲਿਆ।
52813	1228	ਦੇਖਤ ਦਰਸੁ ਪਾਪ ਸਭਿ ਨਾਸੇ ਹਰਿ ਨਾਨਕ ਰਤਨੁ ਲਹਿਓ॥੨॥੧੦੦॥ ੧੨੩॥		Dhaekhath Dharas Paap Sabh Naasae Har Naanak Rathan Lehiou ||2||100||123||	Gazing upon His Darshan, all sins are taken away; Nanak is blessed with the jewel of the Lord. ||2||100||123||	(ਪਰਮਾਤਮਾ ਦਾ) ਦਰਸਨ ਕਰ ਕੇ ਉਹਨਾਂ ਮਨੁੱਖਾਂ ਦੇ ਸਾਰੇ ਹੀ ਪਾਪ ਨਾਸ ਹੋ ਗਏ, ਹੇ ਨਾਨਕ! ਉਹਨਾਂ ਨੇ ਪ੍ਰਭੂ ਦਾ ਨਾਮ-ਰਤਨ ਲੱਭ ਲਿਆ ॥੨॥੧੦੦॥੧੨੩॥
52814	1228	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52815	1228	ਮਾਈ ਰੀ ਅਰਿਓ ਪ੍ਰੇਮ ਕੀ ਖੋਰਿ॥		Maaee Ree Ariou Praem Kee Khor ||	O mother, I am involved with the Love of the Lord;	ਹੇ ਮਾਂ! (ਮੇਰਾ ਮਨ ਪ੍ਰੀਤਮ ਪ੍ਰਭੂ ਦੇ) ਪਿਆਰ ਦੇ ਨਸ਼ੇ ਵਿਚ ਮਸਤ ਰਹਿੰਦਾ ਹੈ।
52816	1228	ਦਰਸਨ ਰੁਚਿਤ ਪਿਆਸ ਮਨਿ ਸੁੰਦਰ ਸਕਤ ਨ ਕੋਈ ਤੋਰਿ॥੧॥ਰਹਾਉ॥		Dharasan Ruchith Piaas Man Sundhar Sakath N Koee Thor ||1|| Rehaao ||	I am intoxicated with it. My mind has such a longing and thirst for the Blessed Vision, the Darshan of my Beauteous Lord. No one can break this. ||1||Pause||	ਮੇਰੇ ਮਨ ਵਿਚ ਉਸ ਦੇ ਦਰਸਨ ਦੀ ਲਗਨ ਲੱਗੀ ਰਹਿੰਦੀ ਹੈ, ਉਸ ਸੋਹਣੇ (ਦੇ ਦਰਸਨ) ਦੀ ਤਾਂਘ ਬਣੀ ਰਹਿੰਦੀ ਹੈ (ਇਹ ਲਗਨ ਇਹ ਤਾਂਘ ਐਸੀ ਹੈ ਕਿ ਇਸ ਨੂੰ) ਕੋਈ ਤੋੜ ਨਹੀਂ ਸਕਦਾ ॥੧॥ ਰਹਾਉ ॥
52817	1228	ਪ੍ਰਾਨ ਮਾਨ ਪਤਿ ਪਿਤ ਸੁਤ ਬੰਧਪ ਹਰਿ ਸਰਬਸੁ ਧਨ ਮੋਰ॥	ਸਰਬਸੁ: ਪੋਲਾ ਬੋਲੋ ਮਿਲਵਾਂ	Praan Maan Path Pith Suth Bandhhap Har Sarabas Dhhan Mor ||	The Lord is my breath of life, honor, spouse, parent, child, relative, wealth - everything.	ਹੇ ਮਾਂ! ਹੁਣ ਮੇਰੇ ਵਾਸਤੇ ਪ੍ਰਭੂ ਪ੍ਰੀਤਮ ਹੀ ਜਿੰਦ ਹੈ, ਆਸਰਾ ਹੈ, ਇੱਜ਼ਤ ਹੈ, ਪਿਤਾ ਹੈ, ਪੁੱਤਰ ਹੈ, ਸਨਬੰਧੀ ਹੈ, ਧਨ ਹੈ, ਮੇਰਾ ਸਭ ਕੁਝ ਉਹੀ ਉਹੀ ਹੈ।
52818	1228	ਧ੍ਰਿਗੁ ਸਰੀਰੁ ਅਸਤ ਬਿਸਟਾ ਕ੍ਰਿਮ ਬਿਨੁ ਹਰਿ ਜਾਨਤ ਹੋਰ॥੧॥	ਅਸ-ਤ: ਪੋਲਾ ਬੋਲੋ	Dhhrig Sareer Asath Bisattaa Kiram Bin Har Jaanath Hor ||1||	Cursed is this body of bones, this pile of maggots and manure, if it knows any other than the Lord. ||1||	ਜਿਹੜਾ ਮਨੁੱਖ ਪਰਮਾਤਮਾ ਤੋਂ ਬਿਨਾ ਹੋਰ ਹੋਰ ਨਾਲ ਸਾਂਝ ਬਣਾਈ ਰੱਖਦਾ ਹੈ, ਉਸ ਦਾ ਸਰੀਰ ਫਿਟਕਾਰ-ਜੋਗ ਹੋ ਜਾਂਦਾ ਹੈ (ਕਿਉਂਕਿ ਫਿਰ ਇਹ ਮਨੁੱਖਾ ਸਰੀਰ ਨਿਰਾ) ਹੱਡੀਆਂ ਗੰਦ ਅਤੇ ਕਿਰਮ ਹੀ ਹੈ ॥੧॥

52819	1228	ਭਇਓ ਕ੍ਰਿਪਾਲ ਦੀਨ ਦੁਖ ਭੰਜਨੁ ਪਰਾ ਪੂਰਬਲਾ ਜੋਰ॥		Bhaeiou Kirapaal Dheen Dhukh Bhanjan Paraa Poorabalaa Jor ||	The Destroyer of the pains of the poor has become merciful to me, by the power of the karma of my past actions.	ਜਿਸ ਨਾਲ ਕੋਈ ਮੁੱਢ-ਕਦੀਮਾਂ ਦਾ ਜੋੜ ਹੁੰਦਾ ਹੈ, ਗਰੀਬਾਂ ਦੇ ਦੁੱਖ ਦੂਰ ਕਰਨ ਵਾਲਾ ਪ੍ਰਭੂ ਉਸ ਉਤੇ ਦਇਆਵਾਨ ਹੁੰਦਾ ਹੈ,
52820	1228	ਨਾਨਕ ਸਰਣਿ ਕ੍ਰਿਪਾਨਿਧਿ ਸਾਗਰ ਬਿਨਸਿਓ ਆਨ ਨਿਹੋਰ॥੨॥੧੦੧॥੧੨੪॥	(ਨਿਹੋਰ) ਅਹਿਸਾਨ	Naanak Saran Kirapaa Nidhh Saagar Binasiou Aan Nihor ||2||101||124||	Nanak seeks the Sanctuary of God, the Treasure, the Ocean of Mercy; my subservience to others is past. ||2||101||124||	ਹੇ ਨਾਨਕ! ਉਹ ਮਨੁੱਖ ਦਇਆ ਦੇ ਖ਼ਜ਼ਾਨੇ ਮਿਹਰ ਦੇ ਸਮੁੰਦਰ ਪ੍ਰਭੂ ਦੀ ਸਰਨ ਪੈਂਦਾ ਹੈ, ਤੇ, ਉਸ ਦੀ ਹੋਰ (ਸਾਰੀ) ਮੁਥਾਜੀ ਮੁੱਕ ਜਾਂਦੀ ਹੈ ॥੨॥੧੦੧॥੧੨੪॥
52821	1228	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52822	1228	ਨੀਕੀ ਰਾਮ ਕੀ ਧੁਨਿ ਸੋਇ॥		Neekee Raam Kee Dhhun Soe ||	The Lord's melody is noble and sublime.	ਪਰਮਾਤਮਾ ਦੀ ਲਗਨ (ਹਿਰਦੇ ਵਿਚ ਬਣਾ), ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ-ਇਹ ਇਕ ਸੋਹਣੀ (ਕਾਰ) ਹੈ।
52823	1228	ਚਰਨਕਮਲ ਅਨੂਪ ਸੁਆਮੀ ਜਪਤ ਸਾਧੂ ਹੋਇ॥੧॥ਰਹਾਉ॥		Charan Kamal Anoop Suaamee Japath Saadhhoo Hoe ||1|| Rehaao ||	The Lotus Feet of my Lord and Master are incomparably beautiful. Meditating on them, one becomes Holy. ||1||Pause||	ਸੋਹਣੇ ਮਾਲਕ-ਪ੍ਰਭੂ ਦੇ ਸੋਹਣੇ ਚਰਨ ਜਪਦਿਆਂ ਮਨੁੱਖ ਭਲਾ ਨੇਕ ਬਣ ਜਾਂਦਾ ਹੈ ॥੧॥ ਰਹਾਉ ॥

52824	1228	ਚਿਤਵਤਾ ਗੋਪਾਲ ਦਰਸਨ ਕਲਮਲਾ ਕਢੁ ਧੋਇ॥		Chithavathaa Gopaal Dharasan Kalamalaa Kadt Dhhoe ||	Just by thinking of the Darshan, the Blessed Vision of the Lord of the World, the dirty sins are washed away.	ਜਗਤ ਦੇ ਪਾਲਣਹਾਰ ਪ੍ਰਭੂ ਦੇ ਦਰਸਨ ਦੀ ਤਾਂਘ ਮਨ ਵਿਚ ਵਸਾਂਦਾ ਹੋਇਆ (ਭਾਵ, ਵਸਾ ਕੇ) (ਆਪਣੇ ਅੰਦਰੋਂ ਸਾਰੇ) ਪਾਪ ਧੋ ਕੇ ਦੂਰ ਕਰ ਲੈ।
52825	1228	ਜਨਮ ਮਰਨ ਬਿਕਾਰ ਅੰਕੁਰ ਹਰਿ ਕਾਟਿ ਛਾਡੇ ਖੋਇ॥੧॥		Janam Maran Bikaar Ankur Har Kaatt Shhaaddae Khoe ||1||	The Lord cuts down and weeds out the corruption of the cycle of birth and death. ||1||	(ਜੇ ਤੂੰ ਹਰਿ-ਦਰਸਨ ਦੀ ਤਾਂਘ ਆਪਣੇ ਅੰਦਰ ਪੈਦਾ ਕਰੇਂਗਾ ਤਾਂ) ਪਰਮਾਤਮਾ (ਤੇਰੇ ਅੰਦਰੋਂ) ਜਨਮ ਮਰਨ ਦੇ (ਸਾਰੀ ਉਮਰ ਦੇ) ਵਿਕਾਰਾਂ ਦੇ ਫੁੱਟ ਰਹੇ ਬੀਜ ਕੱਟ ਕੇ ਨਾਸ ਕਰ ਦੇਵੇਗਾ ॥੧॥
52826	1228	ਪਰਾ ਪੂਰਬਿ ਜਿਸਹਿ ਲਿਖਿਆ ਬਿਰਲਾ ਪਾਏ ਕੋਇ॥		Paraa Poorab Jisehi Likhiaa Biralaa Paaeae Koe ||	How rare is that person who has such pre-ordained destiny, to find the Lord.	ਇਹ ਦਾਤ ਕੋਈ ਉਹ ਵਿਰਲਾ ਮਨੁੱਖ ਹਾਸਲ ਕਰਦਾ ਹੈ ਜਿਸ ਦੇ ਮੱਥੇ ਉੱਤੇ ਪੂਰਬਲੇ ਸਮੇ ਤੋਂ (ਇਹ ਲੇਖ) ਲਿਖਿਆ ਹੁੰਦਾ ਹੈ।
52827	1228	ਰਵਣ ਗੁਣ ਗੋਪਾਲ ਕਰਤੇ ਨਾਨਕਾ ਸਚੁ ਜੋਇ॥੨॥੧੦੨॥੧੨੫॥		Ravan Gun Gopaal Karathae Naanakaa Sach Joe ||2||102||125||	Chanting the Glorious Praises of the Creator, the Lord of the Universe - O Nanak, this is Truth. ||2||102||125||	ਹੇ ਨਾਨਕ! ਜਿਹੜਾ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ ਉਸ ਕਰਤਾਰ ਗੋਪਾਲ ਦੇ ਗੁਣ ਗਾਣੇ (ਇਹ ਸੋਹਣੀ ਕਾਰ ਭਾਗਾਂ ਵਾਲਿਆਂ ਦੇ ਹਿੱਸੇ ਆਉਂਦੀ ਹੈ) ॥੨॥੧੦੨॥੧੨੫॥
52828	1228	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	

52829	1228	ਹਰਿ ਕੇ ਨਾਮ ਕੀ ਮਤਿ ਸਾਰ॥	(ਸਾਰ) ਸ੍ਰੇਸ਼ਟ	Har Kae Naam Kee Math Saar ||	The intellect of one who dwells on the Name of the Lord is excellent.	ਪਰਮਾਤਮਾ ਦਾ ਨਾਮ ਸਿਮਰਨ (ਵਲ ਪ੍ਰੇਰਨ) ਵਾਲੀ ਅਕਲ (ਹੋਰ ਹੋਰ ਕੰਮਾਂ ਵਲ ਪ੍ਰੇਰਨ ਵਾਲੀਆਂ ਅਕਲਾਂ ਨਾਲੋਂ) ਸ੍ਰੇਸ਼ਟ ਹੈ।
52830	1228	ਹਰਿ ਬਿਸਾਰਿ ਜੁ ਆਨ ਰਾਚਹਿ ਮਿਥਨ ਸਭ ਬਿਸਥਾਰ॥੧॥ਰਹਾਉ ॥		Har Bisaar J Aan Raachehi Mithhan Sabh Bisathhaar ||1|| Rehaao ||	One who forgets the Lord and becomes involved with some other - all his showy pretensions are false. ||1||Pause||	ਜਿਹੜੇ ਮਨੁੱਖ ਪਰਮਾਤਮਾ ਨੂੰ ਭੁਲਾ ਕੇ ਹੋਰ ਹੋਰ ਆਹਰਾਂ ਵਿਚ ਸਦਾ ਰੁੱਝੇ ਰਹਿੰਦੇ ਹਨ ਉਹਨਾਂ ਦੇ ਸਾਰੇ ਖਿਲਾਰੇ (ਆਖ਼ਿਰ) ਵਿਅਰਥ ਜਾਂਦੇ ਹਨ ॥੧॥ ਰਹਾਉ ॥
52831	1228	ਸਾਧਸੰਗਮਿ ਭਜੁ ਸੁਆਮੀ ਪਾਪ ਹੋਵਤ ਖਾਰ॥		Saadhhasangam Bhaj Suaamee Paap Hovath Khaar ||	Meditate, vibrate on our Lord and Master in the Company of the Holy, and your sins shall be eradicated.	ਸਾਧ ਸੰਗਤ ਵਿਚ (ਟਿਕ ਕੇ) ਮਾਲਕ-ਪ੍ਰਭੂ ਦਾ ਭਜਨ ਕਰਿਆ ਕਰ (ਸਿਮਰਨ ਦੀ ਬਰਕਤਿ ਨਾਲ) ਸਾਰੇ ਪਾਪ ਨਾਸ ਹੋ ਜਾਂਦੇ ਹਨ।
52832	1228	ਚਰਨਾਰਬਿੰਦ ਬਸਾਇ ਹਿਰਦੈ ਬਹੁਰਿ ਜਨਮ ਨ ਮਾਰ॥੧॥		Charanaarabindh Basaae Hiradhai Bahur Janam N Maar ||1||	When the Lord's Lotus Feet abide within the heart, the mortal is never again caught in the cycle of death and birth. ||1||	ਪਰਮਾਤਮਾ ਦੇ ਸੋਹਣੇ ਚਰਨ ਆਪਣੇ ਹਿਰਦੇ ਵਿਚ ਵਸਾਈ ਰੱਖ, ਮੁੜ ਜਨਮ ਮਰਨ ਦਾ ਗੇੜ ਨਹੀਂ ਹੋਵੇਗਾ ॥੧॥

52833	1228	ਕਰਿ ਅਨੁਗ੍ਰਹ ਰਾਖਿ ਲੀਨੇ ਏਕ ਨਾਮ ਅਧਾਰ॥	ਅ-ਨੁੱਗ੍ਰਹ	Kar Anugreh Raakh Leenae Eaek Naam Adhhaar ||	He showers us with His kindness and compassion; He saves and protects those who take the Support of the Naam, the Name of the One Lord.	ਮਿਹਰ ਕਰ ਕੇ ਜਿਨ੍ਹਾਂ ਮਨੁੱਖਾਂ ਦੀ ਪ੍ਰਭੂ ਰੱਖਿਆ ਕਰਦਾ ਹੈ, ਉਹਨਾਂ ਨੂੰ ਆਪਣੇ ਨਾਮ ਦਾ ਹੀ ਸਹਾਰਾ ਦੇਂਦਾ ਹੈ।
52834	1228	ਦਿਨ ਰੈਨਿ ਸਿਮਰਤ ਸਦਾ ਨਾਨਕ ਮੁਖ ਊਜਲ ਦਰਬਾਰਿ॥੨॥੧੦੩॥੧੨੬॥		Dhin Rain Simarath Sadhaa Naanak Mukh Oojal Dharabaar ||2||103||126||	Meditating in remembrance on Him, day and night, O Nanak, your face shall be radiant in the Court of the Lord. ||2||103||126||	ਹੇ ਨਾਨਕ! ਦਿਨ ਰਾਤ ਸਦਾ ਸਿਮਰਨ ਕਰਦਿਆਂ ਉਹਨਾਂ ਦੇ ਮੂੰਹ ਪ੍ਰਭੂ ਦੇ ਦਰਬਾਰ ਵਿਚ ਉਜਲੇ ਹੋ ਜਾਂਦੇ ਹਨ ॥੨॥੧੦੩॥੧੨੬॥
52835	1228	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52836	1228	ਮਾਨੀ ਤੂੰ ਰਾਮ ਕੈ ਦਰਿ ਮਾਨੀ॥		Maanee Thoon Raam Kai Dhar Maanee ||	Honored - you shall be honored in the Court of the Lord.	(ਹੇ ਜਿੰਦੇ! ਜੇ ਤੂੰ ਪਰਮਾਤਮਾ ਦੇ ਗੁਣ ਗਾਵੇਂ, ਤਾਂ) ਤੂੰ ਪਰਮਾਤਮਾ ਦੇ ਦਰ ਤੇ ਜ਼ਰੂਰ ਸਤਕਾਰ ਹਾਸਲ ਕਰੇਂਗੀ।

52837	1228	ਸਾਧਸੰਗਿ ਮਿਲਿ ਹਰਿ ਗੁਨ ਗਾਏ ਬਿਨਸੀ ਸਭ ਅਭਿਮਾਨੀ॥੧॥ਰਹਾਉ॥		Saadhhasang Mil Har Gun Gaaeae Binasee Sabh Abhimaanee ||1|| Rehaao ||	Join the Saadh Sangat, the Company of the Holy, and sing the Glorious Praises of the Lord; your egotistical pride will be totally dispelled. ||1||Pause||	(ਜਿਸ ਜੀਵ-ਇਸਤ੍ਰੀ ਨੇ) ਸਾਧ ਸੰਗਤ ਵਿਚ ਮਿਲ ਕੇ ਪਰਮਾਤਮਾ ਦੇ ਗੁਣ ਗਾਣੇ ਸ਼ੁਰੂ ਕਰ ਦਿੱਤੇ, ਉਸ ਦੇ ਅੰਦਰੋਂ ਹਉਮੈ ਵਾਲੀ ਮੱਤ ਸਾਰੀ ਮੁੱਕ ਗਈ ॥੧॥ ਰਹਾਉ ॥
52838	1228	ਧਾਰਿ ਅਨੁਗ੍ਰਹੁ ਅਪਨੀ ਕਰਿ ਲੀਨੀ ਗੁਰਮੁਖਿ ਪੂਰ ਗਿਆਨੀ॥		Dhhaar Anugrahu Apanee Kar Leenee Guramukh Poor Giaanee ||	Showering His kindness and compassion, He shall make you His Own. As Gurmukh, your spiritual wisdom shall be perfect.	ਹੇ ਜਿੰਦੇ! ਪ੍ਰਭੂ ਨੇ ਮਿਹਰ ਕਰ ਕੇ (ਜਿਸ ਜੀਵ-ਇਸਤ੍ਰੀ ਨੂੰ) ਆਪਣੀ ਬਣਾ ਲਿਆ, ਉਹ ਗੁਰੂ ਦੇ ਸਨਮੁਖ ਰਹਿ ਕੇ ਆਤਮਕ ਜੀਵਨ ਦੀ ਪੂਰੀ ਸੂਝ ਵਾਲੀ ਹੋ ਗਈ।
52839	1228	ਸਰਬ ਸੂਖ ਆਨੰਦ ਘਨੇਰੇ ਠਾਕੁਰ ਦਰਸ ਧਿਆਨੀ॥੧॥		Sarab Sookh Aanandh Ghanaerae Thaakur Dharas Dhhiaanee ||1||	All peace and all sorts of ecstasy are obtained, by meditating on the Darshan, the Blessed Vision of my Lord and Master. ||1||	ਉਸ ਦੇ ਹਿਰਦੇ ਵਿਚ ਸਾਰੇ ਸੁਖ ਅਨੇਕਾਂ ਆਨੰਦ ਪੈਦਾ ਹੋ ਗਏ, ਉਸ ਦੀ ਸੁਰਤ ਮਾਲਕ-ਪ੍ਰਭੂ ਦੇ ਦਰਸਨ ਵਿਚ ਜੁੜਨ ਲੱਗ ਪਈ ॥੧॥
52840	1228	ਨਿਕਟਿ ਵਰਤਨਿ ਸਾ ਸਦਾ ਸੁਹਾਗਨਿ ਦਹ ਦਿਸ ਸਾਈ ਜਾਨੀ॥	ਸਾਂਈਂ	Nikatt Varathan Saa Sadhaa Suhaagan Dheh Dhis Saaee Jaanee ||	She who dwells close to her Lord is always the pure, happy soul-bride; she is famous in the ten directions.	ਹੇ ਜਿੰਦੇ! ਜਿਹੜੀ ਜੀਵ-ਇਸਤ੍ਰੀ ਸਦਾ ਪ੍ਰਭੂ-ਚਰਨਾਂ ਵਿਚ ਟਿਕਣ ਲੱਗ ਪਈ, ਉਹ ਸਦਾ ਲਈ ਸੁਹਾਗ-ਭਾਗ ਵਾਲੀ ਹੋ ਗਈ, ਉਹੀ ਸਾਰੇ ਜਗਤ ਵਿਚ ਪਰਗਟ ਹੋ ਗਈ।

52841	1228	ਪ੍ਰਿਅ ਰੰਗ ਰੰਗਿ ਰਤੀ ਨਾਰਾਇਨ ਨਾਨਕ ਤਿਸੁ ਕੁਰਬਾਨੀ॥੨॥੧੦੪॥੧੨੭॥	ਰੱਤੀ	Pria Rang Rang Rathee Naaraaein Naanak This Kurabaanee ||2||104||127||	She is imbued with the Love of her Loving Beloved Lord; Nanak is a sacrifice to her. ||2||104||127||	ਹੇ ਨਾਨਕ! ਮੈਂ ਉਸ ਜੀਵ-ਇਸਤ੍ਰੀ ਤੋਂ ਸਦਕੇ ਹਾਂ ਜਿਹੜੀ ਪਿਆਰੇ ਪ੍ਰਭੂ ਦੇ ਕੌਤਕਾਂ ਦੇ ਰੰਗ ਵਿਚ ਰੰਗੀ ਰਹਿੰਦੀ ਹੈ ॥੨॥੧੦੪॥੧੨੭॥
52842	1228	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52843	1228	ਤੁਅ ਚਰਨ ਆਸਰੋ ਈਸ॥		Thua Charan Aasaro Ees ||	O Lord, I take the Support of Your Lotus Feet.	ਹੇ ਈਸ਼ੂਰ! (ਅਸਾਂ ਜੀਵਾਂ ਨੂੰ) ਤੇਰੇ ਚਰਨਾਂ ਦਾ (ਹੀ) ਆਸਰਾ ਹੈ।
52844	1228	ਤੁਮਹਿ ਪਛਾਨੂ ਸਾਕੁ ਤੁਮਹਿ ਸੰਗਿ ਰਾਖਨਹਾਰ ਤੁਮੈ ਜਗਦੀਸ॥ਰਹਾਉ॥	ਜੱਗਦੀਸ	Thumehi Pashhaanoo Saak Thumehi Sang Raakhanehaar Thumai Jagadhees || Rehaao ||	You are my Best Friend and Companion; I am with You. You are our Protector, O Lord of the Universe. ||1||Pause||	ਤੂੰ ਹੀ (ਸਾਡਾ) ਜਾਣੂ-ਪਛਾਣੂ ਹੈਂ, ਤੇਰੇ ਨਾਲ ਹੀ ਸਾਡਾ ਮੇਲ-ਮਿਲਾਪ ਹੈ। ਹੇ ਜਗਤ ਦੇ ਈਸ਼ੂਰ! ਤੂੰ ਹੀ (ਸਾਡੀ) ਰੱਖਿਆ ਕਰ ਸਕਣ ਵਾਲਾ ਹੈਂ ॥ ਰਹਾਉ॥
52845	1228	ਤੂ ਹਮਰੋ ਹਮ ਤੁਮਰੇ ਕਹੀਐ ਇਤ ਉਤ ਤੁਮ ਹੀ ਰਾਖੇ॥		Thoo Hamaro Ham Thumarae Keheeai Eith Outh Thum Hee Raakhae ||	You are mine, and I am Yours; here and hereafter, You are my Saving Grace.	ਹੇ ਪ੍ਰਭੂ! ਹਰੇਕ ਜੀਵ ਇਹੀ ਆਖਦਾ ਹੈ ਕਿ ਤੂੰ ਸਾਡਾ ਹੈਂ ਅਸੀਂ ਤੇਰੇ ਹਾਂ, ਤੂੰ ਹੀ ਇਸ ਲੋਕ ਤੇ ਪਰਲੋਕ ਵਿਚ ਸਾਡਾ ਰਾਖਾ ਹੈਂ।

52846	1228	ਤੂ ਬੇਅੰਤੁ ਅਪਰੰਪਰੁ ਸੁਆਮੀ ਗੁਰ ਕਿਰਪਾ ਕੋਈ ਲਾਖੈ॥੧॥	ਅਪ-ਰੰਪਰੁ	Thoo Baeanth Aparanpar Suaamee Gur Kirapaa Koee Laakhai ||1||	You are Endess and Infinite, O my Lord and Master; by Guru's Grace, a few understand. ||1||	ਹੇ ਮਾਲਕ-ਪ੍ਰਭੂ! ਤੂੰ ਹੀ ਬੇਅੰਤ ਹੈਂ, ਪਰੇ ਤੋਂ ਪਰੇ ਹੈਂ। ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਮਿਹਰ ਨਾਲ ਇਹ ਗੱਲ ਸਮਝੀ ਹੈ ॥੧॥
52847	1228	ਬਿਨੁ ਬਕਨੇ ਬਿਨੁ ਕਹਨ ਕਹਾਵਨ ਅੰਤਰਜਾਮੀ ਜਾਨੈ॥		Bin Bakanae Bin Kehan Kehaavan Antharajaamee Jaanai ||	Without being spoken, without being told, You know all, O Searcher of hearts.	ਪ੍ਰਭੂ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ, ਸਾਡੇ ਬੋਲਣ ਤੋਂ ਬਿਨਾ, ਸਾਡੇ ਆਖਣ-ਅਖਾਣ ਤੋਂ ਬਿਨਾ (ਸਾਡੀ ਲੋੜ) ਜਾਣ ਲੈਂਦਾ ਹੈ।
52848	1228	ਜਾ ਕਉ ਮੇਲਿ ਲਏ ਪ੍ਰਭੁ ਨਾਨਕੁ ਸੇ ਜਨ ਦਰਗਹ ਮਾਨੇ॥੨॥੧੦੫॥੧੨੮॥		Jaa Ko Mael Leae Prabh Naanak Sae Jan Dharageh Maanae ||2||105||128||	One whom God unites with Himself, O Nanak, that humble being is honored in the Court of the Lord. ||2||105||128||	ਨਾਨਕ (ਆਖਦਾ ਹੈ ਕਿ ਹੇ ਭਾਈ!) ਉਹ ਪ੍ਰਭੂ ਜਿਨ੍ਹਾਂ ਨੂੰ (ਆਪਣੇ ਚਰਨਾਂ ਵਿਚ) ਜੋੜ ਲੈਂਦਾ ਹੈ, ਉਹ ਮਨੁੱਖ ਉਸ ਦੀ ਹਜ਼ੂਰੀ ਵਿਚ ਆਦਰ-ਸਤਕਾਰ ਪ੍ਰਾਪਤ ਕਰਦੇ ਹਨ ॥੨॥੧੦੫॥੧੨੮॥
52849	1229	ਸਾਰੰਗ ਮਹਲਾ ੫ ਚਉਪਦੇ ਘਰੁ ੫		Saarang Mehalaa 5 Choupadhae Ghar 5	Saarang, Fifth Mehl, Chau-Padas, Fifth House:	ਰਾਗ ਸਾਰੰਗ, ਘਰ ੫ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
52850	1229	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

52851	1229	ਹਰਿ ਭਜਿ ਆਨ ਕਰਮ ਬਿਕਾਰ॥		Har Bhaj Aan Karam Bikaar ||	Meditate, vibrate on the Lord; other actions are corrupt.	ਪਰਮਾਤਮਾ ਦਾ ਭਜਨ ਕਰਿਆ ਕਰ, (ਭਜਨ ਤੋਂ ਬਿਨਾ) ਹੋਰ ਹੋਰ ਕੰਮ (ਜਿੰਦ ਲਈ) ਵਿਅਰਥ ਹਨ।
52852	1229	ਮਾਨ ਮੋਹੁ ਨ ਬੁਝਤ ਤ੍ਰਿਸਨਾ ਕਾਲ ਗ੍ਰਸ ਸੰਸਾਰ॥੧॥ਰਹਾਉ॥	ਬੁਝਤ: ਪੋਲਾ ਬੋਲੋ	Maan Mohu N Bujhath Thrisanaa Kaal Gras Sansaar ||1|| Rehaao ||	Pride, attachment and desire are not quenched; the world is in the grip of death. ||1||Pause||	(ਹੋਰ ਹੋਰ ਕੰਮਾਂ ਨਾਲ) ਅਹੰਕਾਰ ਤੇ ਮੋਹ (ਪੈਦਾ ਹੁੰਦਾ ਹੈ), ਤ੍ਰਿਸ਼ਨਾ ਨਹੀਂ ਮਿਟਦੀ, ਦੁਨੀਆ ਆਤਮਕ ਮੌਤ ਵਿਚ ਫਸੀ ਰਹਿੰਦੀ ਹੈ ॥੧॥ ਰਹਾਉ ॥
52853	1229	ਖਾਤ ਪੀਵਤ ਹਸਤ ਸੋਵਤ ਅਉਧ ਬਿਤੀ ਅਸਾਰ॥	(ਅਸਾਰ) ਬੇਖ਼ਬਰ, ਬੇਸੰਭਾਲ, ਝੂਠੇ ਪਾਪਾਂ ਔਗੁਣਾਂ ਵਿਕਾਰਾਂ ਚ	Khaath Peevath Hasath Sovath Aoudhh Bithee Asaar ||	Eating, drinking, laughing and sleeping, life passes uselessly.	ਖਾਂਦਿਆਂ ਪੀਂਦਿਆਂ ਹੱਸਦਿਆਂ ਸੁੱਤਿਆਂ (ਇਸੇ ਤਰ੍ਹਾਂ ਮਨੁੱਖ ਦੀ) ਉਮਰ ਬੇ-ਸਮਝੀ ਵਿਚ ਬੀਤਦੀ ਜਾਂਦੀ ਹੈ।
52854	1229	ਨਰਕ ਉਦਰ ਭ੍ਰਮੰਤ ਜਲਤੋ ਜਮਹਿ ਕੀਨੀ ਸਾਰ॥੧॥		Narak Oudhar Bhramanth Jalatho Jamehi Keenee Saar ||1||	The mortal wanders in reincarnation, burning in the hellish environment of the womb; in the end, he is destroyed by death. ||1||	ਨਰਕ ਸਮਾਨ ਹਰੇਕ ਜੂਨ ਵਿਚ (ਜੀਵ) ਭਟਕਦਾ ਹੈ ਦੁਖੀ ਹੁੰਦਾ ਹੈ, ਜਮਾਂ ਦੇ ਵੱਸ ਪਿਆ ਰਹਿੰਦਾ ਹੈ ॥੧॥

52855	1229	ਪਰ ਦ੍ਰੋਹ ਕਰਤ ਬਿਕਾਰ ਨਿੰਦਾ ਪਾਪ ਰਤ ਕਰ ਝਾਰ॥	(ਦ੍ਰੋਹ) ਵੈਰ। (ਰਤ) ਪ੍ਰੀਤ। (ਕਰ) ਹੱਥ। (ਝਾਰ) ਝਾੜ ਕੇ ਭਾਵ ਤਕੜਾ ਹੋ ਕੇ	Par Dhroh Karath Bikaar Nindhaa Paap Rath Kar Jhaar ||	He practices fraud, cruelty and slander against others; he sins, and washes his hands.	(ਭਜਨ ਤੋਂ ਖੁੰਝ ਕੇ) ਮਨੁੱਖ ਦੂਜਿਆਂ ਨਾਲ ਠੱਗੀ ਕਰਦਾ ਹੈ, ਨਿੰਦਾ ਆਦਿਕ ਕੁਕਰਮ ਕਰਦਾ ਹੈ, ਬੇ-ਪਰਵਾਹ ਹੋ ਕੇ ਪਾਪਾਂ ਵਿਚ ਮਸਤ ਰਹਿੰਦਾ ਹੈ।
52856	1229	ਬਿਨਾ ਸਤਿਗੁਰ ਬੂਝ ਨਾਹੀ ਤਮ ਮੋਹ ਮਹਾਂ ਅੰਧਾਰ॥੨॥		Binaa Sathigur Boojh Naahee Tham Moh Mehaan Andhhaar ||2||	Without the True Guru, he has no understanding; he is lost in the utter darkness of anger and attachment. ||2||	ਗੁਰੂ ਦੀ ਸਰਨ ਤੋਂ ਬਿਨਾ (ਮਨੁੱਖ ਨੂੰ) ਆਤਮਕ ਜੀਵਨ ਦੀ ਸਮਝ ਨਹੀਂ ਪੈਂਦੀ, ਮੋਹ ਦੇ ਬੜੇ ਘੁੱਪ ਹਨੇਰੇ ਵਿਚ ਪਿਆ ਰਹਿੰਦਾ ਹੈ ॥੨॥
52857	1229	ਬਿਖੁ ਠਗਉਰੀ ਖਾਇ ਮੂਠੋ ਚਿਤਿ ਨ ਸਿਰਜਨਹਾਰ॥		Bikh Thagouree Khaae Mootho Chith N Sirajanehaar ||	He takes the intoxicating drugs of cruelty and corruption, and is plundered. He is not conscious of the Creator Lord God.	ਆਤਮਕ ਮੌਤ ਲਿਆਉਣ ਵਾਲੀ ਮਾਇਆ-ਠਗ-ਬੂਟੀ ਖਾ ਕੇ ਮਨੁੱਖ (ਆਤਮਕ ਸਰਮਾਏ ਵਲੋਂ) ਲੁੱਟਿਆ ਜਾਂਦਾ ਹੈ, ਇਸ ਦੇ ਮਨ ਵਿਚ ਪਰਮਾਤਮਾ ਦੀ ਯਾਦ ਨਹੀਂ ਹੁੰਦੀ।
52858	1229	ਗੋਬਿੰਦ ਗੁਪਤ ਹੋਇ ਰਹਿਓ ਨਿਆਰੋ ਮਾਤੰਗ ਮਤਿ ਅਹੰਕਾਰ॥੩॥	ਮੱਤਿ	Gobindh Gupath Hoe Rehiou Niaaro Maathang Math Ahankaar ||3||	The Lord of the Universe is hidden and unattached. The mortal is like a wild elephant, intoxicated with the wine of egotism. ||3||	ਹਉਮੈ ਦੀ ਮੱਤ ਦੇ ਕਾਰਨ ਹਾਥੀ ਵਾਂਗ (ਫੁੱਲਿਆ ਰਹਿੰਦਾ ਹੈ, ਇਸ ਦੇ ਅੰਦਰ ਹੀ) ਪਰਮਾਤਮਾ ਛੁਪਿਆ ਬੈਠਾ ਹੈ, ਪਰ ਉਸ ਤੋਂ ਵੱਖਰਾ ਹੀ ਰਹਿੰਦਾ ਹੈ ॥੩॥

52859	1229	ਕਰਿ ਕ੍ਰਿਪਾ ਪ੍ਰਭ ਸੰਤ ਰਾਖੇ ਚਰਨਕਮਲ ਅਧਾਰ॥		Kar Kirapaa Prabh Santh Raakhae Charan Kamal Adhhaar ||	In His Mercy, God saves His Saints; they have the Support of His Lotus Feet.	ਪ੍ਰਭੂ ਜੀ ਨੇ ਮਿਹਰ ਕਰ ਕੇ ਆਪਣੇ ਸੰਤਾਂ ਨੂੰ ਆਪਣੇ ਸੋਹਣੇ ਚਰਨਾਂ ਦੇ ਆਸਰੇ (ਇਸ 'ਬਿਖੁ ਠਗਉਰੀ' ਤੋਂ) ਬਚਾਈ ਰੱਖਿਆ ਹੈ।
52860	1229	ਕਰ ਜੋਰਿ ਨਾਨਕੁ ਸਰਨਿ ਆਇਓ ਗੋਪਾਲ ਪੁਰਖ ਅਪਾਰ॥੪॥੧॥੧੨੯॥	ਗੋ: ਹੋੜੇ ਔਂਕੜ ਵਿਚਾਲੇ ਬੋਲੋ	Kar Jor Naanak Saran Aaeiou Guopaal Purakh Apaar ||4||1||129||	With his palms pressed together, Nanak has come to the Sanctuary of the Primal Being, the Infinite Lord God. ||4||1||129||	ਹੇ ਗੋਪਾਲ! ਹੇ ਅਕਾਲ ਪੁਰਖ! ਹੇ ਬੇਅੰਤ! ਦੋਵੇਂ ਹੱਥ ਜੋੜ ਕੇ ਨਾਨਕ (ਤੇਰੀ) ਸਰਨ ਆਇਆ ਹੈ (ਇਸ ਦੀ ਭੀ ਰੱਖਿਆ ਕਰ) ॥੪॥੧॥੧੨੯॥
52861	1229	ਸਾਰਗ ਮਹਲਾ ੫ ਘਰੁ ੬ ਪੜਤਾਲ		Saarag Mehalaa 5 Ghar 6 Parrathaala	Saarang, Fifth Mehl, Sixth House, Partaal:	ਰਾਗ ਸਾਰੰਗ, ਘਰ ੬ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਪੜਤਾਲ'।
52862	1229	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
52863	1229	ਸੁਭ ਬਚਨ ਬੋਲਿ ਗੁਨ ਅਮੋਲ॥		Subh Bachan Bol Gun Amol ||	Chant His Sublime Word and His Priceless Glories.	(ਹੇ ਜੀਵ-ਇਸਤ੍ਰੀ!) ਪਰਮਾਤਮਾ ਦੇ ਅਮੋਲਕ ਗੁਣ (ਸਭ ਬਚਨਾਂ ਨਾਲੋਂ) ਸੁਭ ਬਚਨ ਹਨ-ਇਹਨਾਂ ਦਾ ਉਚਾਰਨ ਕਰਿਆ ਕਰ।

52864	1229	ਕਿੰ ਕਰੀ ਬਿਕਾਰ॥	(ਕਿੰ) ਕਿਉਂ, (ਕਰੀ) ਕਰਦਾ ਹੈਂ, (ਬਿਕਾਰ) ਬਿਕਾਰਾਂ ਨੂੰ। (ਦੂਜਾ ਪਾਠ: ਕਿੰਕਰੀ)	Kinkaree Bikaar ||	Why are you indulding in corrupt actions?	ਹੇ ਵਿਕਾਰਾਂ ਦੀ ਦਾਸੀ (ਹੋ ਚੁਕੀ ਜੀਵ-ਇਸਤ੍ਰੀ)!
52865	1229	ਦੇਖੁ ਰੀ ਬੀਚਾਰ॥		Dhaekh Ree Beechaar ||	Look at this, see and understand!	ਹੋਸ਼ ਕਰ (ਵਿਚਾਰ ਕੇ ਵੇਖ)।
52866	1229	ਗੁਰ ਸਬਦੁ ਧਿਆਇ ਮਹਲੁ ਪਾਇ॥		Gur Sabadh Dhhiaae Mehal Paae ||	Meditate on the Word of the Guru's Shabad, and attain the Mansion of the Lord's Presence.	ਗੁਰੂ ਦਾ ਸ਼ਬਦ ਆਪਣੇ ਮਨ ਵਿਚ ਟਿਕਾਈ ਰੱਖ (ਤੇ, ਸ਼ਬਦ ਦੀ ਬਰਕਤਿ ਨਾਲ) ਪ੍ਰਭੂ-ਚਰਨਾਂ ਵਿਚ ਟਿਕਾਣਾ ਪ੍ਰਾਪਤ ਕਰ।
52867	1229	ਹਰਿ ਸੰਗਿ ਰੰਗ ਕਰਤੀ ਮਹਾ ਕੇਲ॥੧॥ਰਹਾਉ॥		Har Sang Rang Karathee Mehaa Kael ||1|| Rehaao ||	Imbued with the Love of the Lord, you shall totally play with Him. ||1||Pause||	(ਜਿਹੜੀ ਜੀਵ-ਇਸਤ੍ਰੀ ਪ੍ਰਭੂ-ਚਰਨਾਂ ਵਿਚ ਟਿਕਦੀ ਹੈ, ਉਹ) ਪਰਮਾਤਮਾ ਵਿਚ ਜੁੜ ਕੇ ਬੜੇ ਆਤਮਕ ਆਨੰਦ ਮਾਣਦੀ ਹੈ ॥੧॥ ਰਹਾਉ ॥
52868	1229	ਸੁਪਨ ਰੀ ਸੰਸਾਰੁ॥		Supan Ree Sansaar ||	The world is a dream.	(ਹੇ ਸਖੀ!) ਇਹ ਜਗਤ ਸੁਪਨੇ ਵਰਗਾ ਹੈ,
52869	1229	ਮਿਥਨੀ ਬਿਸਥਾਰੁ॥		Mithhanee Bisathhaar ||	Its expanse is false.	(ਇਸ ਦਾ ਸਾਰਾ) ਖਿਲਾਰਾ ਨਾਸਵੰਤ ਹੈ।
52870	1229	ਸਖੀ ਕਾਇ ਮੋਹਿ ਮੋਹਿ ਲੀ ਪ੍ਰਿਅ ਪ੍ਰੀਤਿ ਰਿਦੈ ਮੇਲ॥੧॥		Sakhee Kaae Mohi Mohilee Pria Preeth Ridhai Mael ||1||	O my companion, why are you so enticed by the Enticer? Enshrine the Love of Your Beloved within your heart. ||1||	ਹੇ ਸਖੀ! ਤੂੰ ਇਸ ਦੇ ਮੋਹ ਵਿਚ ਕਿਉਂ ਫਸੀ ਹੋਈ ਹੈਂ? ਪ੍ਰੀਤਮ ਪ੍ਰਭੂ ਦੀ ਪ੍ਰੀਤ ਆਪਣੇ ਹਿਰਦੇ ਵਿਚ ਵਸਾਈ ਰੱਖ ॥੧॥

52871	1229	ਸਰਬ ਰੀ ਪ੍ਰੀਤਿ ਪਿਆਰੁ॥		Sarab Ree Preeth Piaar ||	He is total love and affection.	ਹੇ ਸਖੀ! ਪ੍ਰਭੂ ਸਭ ਜੀਵਾਂ ਨਾਲ ਪ੍ਰੀਤ ਕਰਦਾ ਹੈ ਪਿਆਰ ਕਰਦਾ ਹੈ।
52872	1229	ਪ੍ਰਭੁ ਸਦਾ ਰੀ ਦਇਆਰੁ॥		Prabh Sadhaa Ree Dhaeiaar ||	God is always merciful.	ਹੇ ਸਖੀ! ਉਹ ਸਦਾ ਹੀ ਦਇਆ ਦਾ ਘਰ ਹੈ।
52873	1229	ਕਾਂਏਂ ਆਨ ਆਨ ਰੁਚੀਐ॥		Kaaneaen Aan Aan Rucheeai ||	Others - why are you involved with others?	(ਉਸ ਨੂੰ ਭੁਲਾ ਕੇ) ਹੋਰ ਹੋਰ ਪਦਾਰਥਾਂ ਵਿਚ ਪਿਆਰ ਨਹੀਂ ਪਾਣਾ ਚਾਹੀਦਾ।
52874	1229	ਹਰਿ ਸੰਗਿ ਸੰਗਿ ਖਚੀਐ॥	ਖਚੀਐ: ਪੋਲਾ ਬੋਲੋ	Har Sang Sang Khacheeai ||	Remain involved with the Lord.	ਸਦਾ ਪਰਮਾਤਮਾ ਦੇ ਪਿਆਰ ਵਿਚ ਹੀ ਮਸਤ ਰਹਿਣਾ ਚਾਹੀਦਾ ਹੈ।
52875	1229	ਜਉ ਸਾਧਸੰਗ ਪਾਏ॥		Jo Saadhhasang Paaeae ||	When you join the Saadh Sangat, the Company of the Holy,	ਜਦੋਂ (ਕੋਈ ਵਡ-ਭਾਗੀ ਮਨੁੱਖ) ਸਾਧ ਸੰਗਤ ਦਾ ਮਿਲਾਪ ਹਾਸਲ ਕਰਦਾ ਹੈ
52876	1229	ਕਹੁ ਨਾਨਕ ਹਰਿ ਧਿਆਏ॥		Kahu Naanak Har Dhhiaaeae ||	Says Nanak, meditate on the Lord.	ਅਤੇ ਨਾਨਕ ਆਖਦਾ ਹੈ- ਜਦੋਂ ਪਰਮਾਤਮਾ ਦਾ ਧਿਆਨ ਧਰਦਾ ਹੈ,
52877	1229	ਅਬ ਰਹੇ ਜਮਹਿ ਮੇਲ॥੨॥੧॥੧੩੦॥		Ab Rehae Jamehi Mael ||2||1||130||	Now, your association with death is ended. ||2||1||130||	ਤਦੋਂ ਜਮਾਂ ਨਾਲ ਉਸ ਦਾ ਵਾਹ ਨਹੀਂ ਪੈਂਦਾ ॥੨॥੧॥੧੩੦॥
52878	1229	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52879	1229	ਕੰਚਨਾ ਬਹੁ ਦਤ ਕਰਾ॥	ਦਤ:ਪੋਲਾ ਬੋਲੋ। (ਦਤ) ਦਾਨ	Kanchanaa Bahu Dhath Karaa ||	You may make donations of gold,	ਹੇ ਮਨ! ਜੇ ਕੋਈ ਮਨੁੱਖ ਬਹੁਤ ਸੋਨਾ ਦਾਨ ਕਰਦਾ ਹੈ,

52880	1229	ਭੂਮਿ ਦਾਨੁ ਅਰਪਿ ਧਰਾ॥		Bhoom Dhaan Arap Dhharaa ||	And give away land in charity	ਭੁਇਂ ਮਣਸ ਕੇ ਦਾਨ ਕਰਦਾ ਹੈ,
52881	1229	ਮਨ ਅਨਿਕ ਸੋਚ ਪਵਿਤ੍ਰ ਕਰਤ॥		Man Anik Soch Pavithr Karath ||	And purify your mind in various ways,	ਕਈ ਸੁੱਚਾਂ ਨਾਲ (ਸਰੀਰ ਨੂੰ) ਪਵਿੱਤਰ ਕਰਦਾ ਹੈ,
52882	1229	ਨਾਹੀ ਰੇ ਨਾਮ ਤੁਲਿ ਮਨ ਚਰਨਕਮਲ ਲਾਗੇ॥੧॥ਰਹਾਉ॥		Naahee Rae Naam Thul Man Charan Kamal Laagae ||1|| Rehaao ||	But none of this is equal to the Lord's Name. Remain attached to the Lord's Lotus Feet. ||1||Pause||	(ਇਹ ਉੱਦਮ) ਪਰਮਾਤਮਾ ਦੇ ਨਾਮ ਦੇ ਬਰਾਬਰ ਨਹੀਂ ਹਨ। ਹੇ ਮਨ! ਪਰਮਾਤਮਾ ਦੇ ਸੋਹਣੇ ਚਰਨਾਂ ਵਿਚ ਜੁੜਿਆ ਰਹੁ ॥੧॥ ਰਹਾਉ ॥
52883	1229	ਚਾਰਿ ਬੇਦ ਜਿਹਵ ਭਨੇ॥	ਭਨੇ: ਪੋਲਾ ਬੋਲੋ	Chaar Baedh Jihav Bhanae ||	You may recite the four Vedas with your tongue,	ਹੇ ਮਨ! ਜੇ ਕੋਈ ਮਨੁੱਖ ਚਾਰੇ ਵੇਦ ਆਪਣੀ ਜੀਭ ਨਾਲ ਉਚਾਰਦਾ ਰਹਿੰਦਾ ਹੈ,
52884	1229	ਦਸ ਅਸਟ ਖਸਟ ਸ੍ਰਵਨ ਸੁਨੇ॥		Dhas Asatt Khasatt Sravan Sunae ||	And listen to the eighteen Puraanas and the six Shaastras with your ears,	ਅਠਾਰਾਂ ਪੁਰਾਣ ਅਤੇ ਛੇ ਸਾਸਤ੍ਰ ਕੰਨਾਂ ਨਾਲ ਸੁਣਦਾ ਰਹਿੰਦਾ ਹੈ,
52885	1229	ਨਹੀ ਤੁਲਿ ਗੋਬਿਦ ਨਾਮ ਧੁਨੇ॥		Nehee Thul Gobidh Naam Dhhunae ||	But these are not equal to the celestial melody of the Naam, the Name of the Lord of the Universe.	(ਇਹ ਕੰਮ) ਪਰਮਾਤਮਾ ਦੇ ਨਾਮ ਦੀ ਲਗਨ ਦੇ ਬਰਾਬਰ ਨਹੀਂ ਹਨ।
52886	1229	ਮਨ ਚਰਨਕਮਲ ਲਾਗੇ॥੧॥		Man Charan Kamal Laagae ||1||	Remain attached to the Lord's Lotus Feet. ||1||	ਹੇ ਮਨ! ਪ੍ਰਭੂ ਦੇ ਸੋਹਣੇ ਚਰਨਾਂ ਵਿਚ ਪ੍ਰੀਤ ਬਣਾਈ ਰੱਖ ॥੧॥

52887	1229	ਬਰਤ ਸੰਧਿ ਸੋਚ ਚਾਰ॥	(ਸੰਧਿ) ਸੰਧਿਆ। (ਸੋਚ) ਪਵਿੱਤ੍ਰਤਾ। (ਚਾਰ) ਆਚਾਰ (ਦੂਜਾ ਪਾਠ: ਸੋਚਚਾਰ)	Barath Sandhh Soch Chaar ||	You may observe fasts, and say your prayers, purify yourself	ਹੇ ਮਨ! ਵਰਤ, ਸੰਧਿਆ, ਸਰੀਰਕ ਪਵਿੱਤ੍ਰਤਾ,
52888	1229	ਕ੍ਰਿਆ ਕੁੰਟਿ ਨਿਰਾਹਾਰ॥		Kiraaa Kuntt Niraahaar ||	And do good deeds; you may go on pilgrimages everywhere and eat nothing at all.	(ਤੀਰਥ-ਜਾਤ੍ਰਾ ਆਦਿਕ ਲਈ) ਚਾਰ ਕੂਟਾਂ ਵਿਚ ਭੁੱਖੇ ਰਹਿ ਕੇ ਭੌਂਦੇ ਫਿਰਨਾ,
52889	1229	ਅਪਰਸ ਕਰਤ ਪਾਕ ਸਾਰ॥	(ਪਾਕ) ਰਸੋਈ। ਅ-ਪਰਸ	Aparas Karath Paakasaar ||	You may cook your food without touching anyone;	ਕਿਸੇ ਨਾਲ ਛੁਹਣ ਤੋਂ ਬਿਨਾ ਆਪਣੀ ਰਸੋਈ ਤਿਆਰ ਕਰਨੀ,
52890	1229	ਨਿਵਲੀ ਕਰਮ ਬਹੁ ਬਿਸਥਾਰ॥		Nivalee Karam Bahu Bisathhaar ||	You may make a great show of cleansing techniques,	(ਆਂਦਰਾਂ ਦਾ ਅੱਭਿਆਸ) ਨਿਵਲੀ ਕਰਮ ਕਰਨਾ, ਹੋਰ ਅਜਿਹੇ ਕਈ ਖਿਲਾਰੇ ਖਿਲਾਰਨੇ,
52891	1229	ਧੂਪ ਦੀਪ ਕਰਤੇ ਹਰਿ ਨਾਮ ਤੁਲਿ ਨ ਲਾਗੇ॥		Dhhoop Dheep Karathae Har Naam Thul N Laagae ||	And burn incense and devotional lamps, but none of these are equal to the Lord's Name.	(ਦੇਵ-ਪੂਜਾ ਲਈ) ਧੂਪ ਧੁਖਾਏ ਦੀਵੇ ਜਗਾਏ-ਇਹ ਸਾਰੇ ਹੀ ਉੱਦਮ ਪਰਮਾਤਮਾ ਦੇ ਨਾਮ ਦੀ ਬਰਾਬਰੀ ਨਹੀਂ ਕਰਦੇ।
52892	1229	ਰਾਮ ਦਇਆਰ ਸੁਨਿ ਦੀਨ ਬੇਨਤੀ॥		Raam Dhaeiaar Sun Dheen Baenathee ||	O Merciful Lord, please hear the prayer of the meek and the poor.	ਹੇ ਦਾਸ ਨਾਨਕ! ਹੇ ਦਇਆ ਦੇ ਸੋਮੇ ਪ੍ਰਭੂ! ਮੇਰੀ ਗਰੀਬ ਦੀ ਬੇਨਤੀ ਸੁਣ!

52893	1229	ਦੇਹੁ ਦਰਸੁ ਨੈਨ ਪੇਖਉ ਜਨ ਨਾਨਕ ਨਾਮ ਮਿਸਟ ਲਾਗੇ॥੨॥੨॥੧੩੧॥	(ਮਿਸਟ) ਮਿੱਠੇ	Dhaehu Dharas Nain Paekho Jan Naanak Naam Misatt Laagae ||2||2||131||	Please grant me the Blessed Vision of Your Darshan, that I may see You with my eyes. The Naam is so sweet to servant Nanak. ||2||2||131||	ਆਪਣਾ ਦਰਸਨ ਦੇਹ, ਮੈਂ ਤੈਨੂੰ ਆਪਣੀਆਂ ਅੱਖਾਂ ਨਾਲ (ਸਦਾ) ਵੇਖਦਾ ਰਹਾਂ, ਤੇਰਾ ਨਾਮ ਮੈਨੂੰ ਮਿੱਠਾ ਲੱਗਦਾ ਰਹੇ ॥੨॥੨॥੧੩੧॥
52894	1229	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52895	1229	ਰਾਮ ਰਾਮ ਰਾਮ ਜਾਪਿ ਰਮਤ ਰਾਮ ਸਹਾਈ॥੧॥ਰਹਾਉ॥		Raam Raam Raam Jaap Ramath Raam Sehaaee ||1|| Rehaao ||	Meditate on the Lord, Raam, Raam, Raam. The Lord is your Help and Support. ||1||Pause||	ਸਦਾ ਸਦਾ ਪਰਮਾਤਮਾ (ਦੇ ਨਾਮ ਦਾ ਜਾਪ) ਜਪਿਆ ਕਰ, (ਨਾਮ) ਜਪਦਿਆਂ (ਉਹ) ਪਰਮਾਤਮਾ (ਹਰ ਥਾਂ) ਸਹਾਇਤਾ ਕਰਨ ਵਾਲਾ ਹੈ ॥੧॥ ਰਹਾਉ ॥
52896	1230	ਸੰਤਨ ਕੈ ਚਰਨ ਲਾਗੇ ਕਾਮ ਕ੍ਰੋਧ ਲੋਭ ਤਿਆਗੇ ਗੁਰ ਗੋਪਾਲ ਭਏ ਕ੍ਰਿਪਾਲ ਲਬਧਿ ਅਪਨੀ ਪਾਈ॥੧॥	ਲਬ-ਧਿ	Santhan Kai Charan Laagae Kaam Krodhh Lobh Thiaagae Gur Gopaal Bheae Kirapaal Labadhh Apanee Paaee ||1||	Grasping hold of the Feet of the Saints, I have abandoned sexual desire, anger and greed. The Guru, the Lord of the World, has been kind to me, and I have realized my destiny. ||1||	ਜਿਹੜੇ ਮਨੁੱਖ ਸੰਤ ਜਨਾਂ ਦੀ ਚਰਨੀਂ ਲੱਗਦੇ ਹਨ, ਕਾਮ ਕ੍ਰੋਧ ਲੋਭ (ਆਦਿਕ ਵਿਕਾਰ) ਛੱਡਦੇ ਹਨ, ਉਹਨਾਂ ਉੱਤੇ ਗੁਰੂ-ਗੋਪਾਲ ਮਿਹਰਵਾਨ ਹੁੰਦਾ ਹੈ, ਉਹਨਾਂ ਨੂੰ ਆਪਣੀ ਉਹ ਨਾਮ-ਵਸਤੂ ਮਿਲ ਜਾਂਦੀ ਹੈ ਜਿਸ ਦੀ (ਅਨੇਕਾਂ ਜਨਮਾਂ ਤੋਂ) ਭਾਲ ਕਰਦੇ ਆ ਰਹੇ ਸਨ ॥੧॥

52897	1230	ਬਿਨਸੇ ਭ੍ਰਮ ਮੋਹ ਅੰਧ ਟੂਟੇ ਮਾਇਆ ਕੇ ਬੰਧ ਪੂਰਨ ਸਰਬਤ੍ਰ ਠਾਕੁਰ ਨਹ ਕੋਊ ਬੈਰਾਈ॥	ਸਰਬੱਤ੍ਰ	Binasae Bhram Moh Andhh Ttoottae Maaeiaa Kae Bandhh Pooran Sarabathr Thaakur Neh Kooo Bairaaee ||	My doubts and attachments have been dispelled, and the blinding bonds of Maya have been broken. My Lord and Master is pervading and permeating everywhere; no one is an enemy.	ਉਹਨਾਂ ਦੇ ਅੰਦਰੋਂ ਭਰਮ ਅਤੇ ਮੋਹ ਦੇ ਹਨੇਰੇ ਨਾਸ ਹੋ ਜਾਂਦੇ ਹਨ, ਮਾਇਆ ਦੇ ਮੋਹ ਦੀਆਂ ਫਾਹੀਆਂ ਟੁੱਟ ਜਾਂਦੀਆਂ ਹਨ, ਮਾਲਕ-ਪ੍ਰਭੂ ਉਹਨਾਂ ਨੂੰ ਸਭਨੀਂ ਥਾਈਂ ਵਿਆਪਕ ਦਿੱਸਦਾ ਹੈ, ਕੋਈ ਭੀ ਉਹਨਾਂ ਨੂੰ ਵੈਰੀ ਨਹੀਂ ਜਾਪਦਾ,
52898	1230	ਸੁਆਮੀ ਸੁਪ੍ਰਸੰਨ ਭਏ ਜਨਮ ਮਰਨ ਦੋਖ ਗਏ ਸੰਤਨ ਕੈ ਚਰਨ ਲਾਗਿ ਨਾਨਕ ਗੁਨ ਗਾਈ॥੨॥੩॥੧੩੨॥	ਸੁਪ੍ਰਸੰਨ	Suaamee Suprasann Bheae Janam Maran Dhokh Geae Santhan Kai Charan Laag Naanak Gun Gaaee ||2||3||132||	My Lord and Master is totally satisfied with me; He has rid me of the pains of death and birth. Grasping hold of the Feet of the Saints, Nanak sings the Glorious Praises of the Lord. ||2||3||132||	ਹੇ ਨਾਨਕ! ਜਿਹੜੇ ਮਨੁੱਖ ਸੰਤ ਜਨਾਂ ਦੀ ਚਰਨੀਂ ਲੱਗ ਕੇ ਪਰਮਾਤਮਾ ਦੇ ਗੁਣ ਗਾਂਦੇ ਰਹਿੰਦੇ ਹਨ, ਉਹਨਾਂ ਉੱਤੇ ਮਾਲਕ-ਪ੍ਰਭੂ ਜੀ ਤੁੱਠ ਪੈਂਦੇ ਹਨ, ਉਹਨਾਂ ਦੇ ਜਨਮ ਮਰਨ ਦੇ ਗੇੜ ਅਤੇ ਪਾਪ ਸਭ ਮੁੱਕ ਜਾਂਦੇ ਹਨ ॥੨॥੩॥੧੩੨॥
52899	1230	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52900	1230	ਹਰਿ ਹਰੇ ਹਰਿ ਮੁਖਹੁ ਬੋਲਿ ਹਰਿ ਹਰੇ ਮਨਿ ਧਾਰੇ॥੧॥ਰਹਾਉ॥		Har Harae Har Mukhahu Bol Har Harae Man Dhhaarae ||1|| Rehaao ||	Chant the Name of the Lord, Har, Har, Har; enshrine the Lord, Har, Har, within your mind. ||1||Pause||	ਸਦਾ ਸਦਾ ਹੀ ਪਰਮਾਤਮਾ ਦਾ ਨਾਮ ਆਪਣੇ ਮੂੰਹੋਂ ਉਚਾਰਿਆ ਕਰ ਅਤੇ ਆਪਣੇ ਮਨ ਵਿਚ ਵਸਾਈ ਰੱਖ ॥੧॥ ਰਹਾਉ ॥

52901	1230	ਸ੍ਰਵਨ ਸੁਨਨ ਭਗਤਿ ਕਰਨ ਅਨਿਕ ਪਾਤਿਕ ਪੁਨਹਚਰਨ॥		Sravan Sunan Bhagath Karan Anik Paathik Punehacharan ||	Hear Him with your ears, and practice devotional worship - these are good deeds, which make up for past evils.	ਪਰਮਾਤਮਾ ਦਾ ਨਾਮ ਕੰਨੀਂ ਸੁਣਨਾ ਪ੍ਰਭੂ ਦੀ ਭਗਤੀ ਕਰਨੀ-ਇਹੀ ਹੈ ਅਨੇਕਾਂ ਪਾਪਾਂ ਨੂੰ ਦੂਰ ਕਰਨ ਲਈ ਕੀਤੇ ਹੋਏ ਪਛੁਤਾਵੇ-ਮਾਤ੍ਰ ਧਾਰਮਿਕ ਕਰਮ;
52902	1230	ਸਰਨ ਪਰਨ ਸਾਧੂ ਆਨ ਬਾਨਿ ਬਿਸਾਰੇ॥੧॥	(ਪਰਨ) ਪੈਂਦੇ ਹਨ। (ਬਾਨਿ) ਆਦਤ, ਬਾਣੀ (ਪਾਠੰਤ੍ਰ ਥਾਨਿ)	Saran Paran Saadhhoo Aan Baan Bisaarae ||1||	So seek the Sanctuary of the Holy, and forget all your other habits. ||1||.	ਗੁਰੂ ਦੀ ਸਰਨੀ ਪਏ ਰਹਿਣਾ-ਇਹ ਉੱਦਮ ਹੋਰ ਹੋਰ (ਭੈੜੀਆਂ) ਆਦਤਾਂ (ਮਨ ਵਿਚੋਂ) ਦੂਰ ਕਰ ਦੇਂਦਾ ਹੈ ॥੧॥
52903	1230	ਹਰਿ ਚਰਨ ਪ੍ਰੀਤਿ ਨੀਤ ਨੀਤਿ ਪਾਵਨਾ ਮਹਿ ਮਹਾ ਪੁਨੀਤ ਸੇਵਕ ਭੈ ਦੂਰਿ ਕਰਨ ਕਲਿਮਲ ਦੋਖ ਜਾਰੇ॥		Har Charan Preeth Neeth Neeth Paavanaa Mehi Mehaa Puneeth ||	Love the Lord's Feet, continually and continuously - the most sacred and sanctified.	ਸਦਾ ਸਦਾ ਪ੍ਰਭੂ-ਚਰਨਾਂ ਨਾਲ ਪਿਆਰ ਪਾਈ ਰੱਖਣਾ-ਇਹ ਜੀਵਨ ਨੂੰ ਬਹੁਤ ਹੀ ਪਵਿੱਤਰ ਬਣਾ ਦੇਂਦਾ ਹੈ। ਪ੍ਰਭੂ-ਚਰਨਾਂ ਦੀ ਪ੍ਰੀਤ ਸੇਵਕ ਦੇ ਸਾਰੇ ਡਰ ਦੂਰ ਕਰਨ ਵਾਲੀ ਹੈ, ਸੇਵਕ ਦੇ ਸਾਰੇ ਪਾਪ ਵਿਕਾਰ ਸਾੜ ਦੇਂਦੀ ਹੈ।
52904	1230	ਕਹਤ ਮੁਕਤ ਸੁਨਤ ਮੁਕਤ ਰਹਤ ਜਨਮ ਰਹਤੇ॥		Saevak Bhai Dhoor Karan Kalimal Dhokh Jaarae ||	Fear is taken away from the servant of the Lord, and the dirty sins and mistakes of the past are burnt away.	ਪ੍ਰਭੂ ਦਾ ਨਾਮ ਸਿਮਰਨ ਵਾਲੇ ਅਤੇ ਸੁਣਨ ਵਾਲੇ ਵਿਕਾਰਾਂ ਤੋਂ ਬਚੇ ਰਹਿੰਦੇ ਹਨ, ਸੁਚੱਜੀ ਰਹਿਣੀ ਰੱਖਣ ਵਾਲੇ ਜੂਨਾਂ ਤੋਂ ਬਚ ਜਾਂਦੇ ਹਨ।

52905	1230	ਰਾਮ ਰਾਮ ਸਾਰ ਭੂਤ ਨਾਨਕ ਤਤੁ ਬੀਚਾਰੇ॥੨॥੪॥੧੩੩॥		Kehath Mukath Sunath Mukath Rehath Janam Rehathae ||	Those who speak are liberated, and those who listen are liberated; those who keep the Rehit, the Code of Conduct, are not reincarnated again.	ਨਾਨਕ (ਸਾਰੀਆਂ ਵਿਚਾਰਾਂ ਦਾ ਇਹ) ਨਿਚੋੜ ਦੱਸਦਾ ਹੈ ਕਿ ਪਰਮਾਤਮਾ ਦਾ ਨਾਮ ਸਭ ਤੋਂ ਸ੍ਰੇਸ਼ਟ ਪਦਾਰਥ ਹੈ ॥੨॥੪॥੧੩੩॥
52906	1230	ਸਾਰਗ ਮਹਲਾ ੫॥		Raam Raam Saar Bhooth Naanak Thath Beechaarae ||2||4||133||	The Lord's Name is the most sublime essence; Nanak contemplates the nature of reality. ||2||4||133||	
52907	1230	ਨਾਮ ਭਗਤਿ ਮਾਗੁ ਸੰਤ ਤਿਆਗਿ ਸਗਲ ਕਾਮੀ॥੧॥ਰਹਾਉ॥	ਮਾਂਗੁ	Saarag Mehalaa 5 ||	Saarang, Fifth Mehl:	(ਹੇ ਭਾਈ!) ਹੋਰ ਸਾਰੇ ਆਹਰ ਛੱਡ ਕੇ (ਭੀ) ਸੰਤ ਜਨਾਂ ਪਾਸੋਂ ਪਰਮਾਤਮਾ ਦਾ ਨਾਮ ਪਰਮਾਤਮਾ ਦੀ ਭਗਤੀ ਮੰਗਦਾ ਰਿਹਾ ਕਰ ॥੧॥ ਰਹਾਉ ॥
52908	1230	ਪ੍ਰੀਤਿ ਲਾਇ ਹਰਿ ਧਿਆਇ ਗੁਨ ਗੋਬਿੰਦ ਸਦਾ ਗਾਇ॥		Naam Bhagath Maag Santh Thiaag Sagal Kaamee ||1|| Rehaao ||	I beg for devotion to the Naam, the Name of the Lord; I have forsaken all other activities. ||1||Pause||	ਪਿਆਰ ਨਾਲ ਪਰਮਾਤਮਾ ਦਾ ਧਿਆਨ ਧਰਿਆ ਕਰ, ਸਦਾ ਗੋਬਿੰਦ ਦੇ ਗੁਣ ਗਾਂਦਾ ਰਿਹਾ ਕਰ।

52909	1230	ਹਰਿ ਜਨ ਕੀ ਰੇਨ ਬਾਂਛੁ ਦੈਨਹਾਰ ਸੁਆਮੀ॥੧॥		Preeth Laae Har Dhhiaae Gun Guobindh Sadhaa Gaae ||	Meditate lovingly on the Lord, and sing forever the Glorious Praises of the Lord of the Universe.	ਉਸ ਸਭ ਕੁਝ ਦੇ ਸਕਣ ਵਾਲੇ ਮਾਲਕ-ਪ੍ਰਭੂ ਤੋਂ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਰਿਹਾ ਕਰ ॥੧॥
52910	1230	ਸਰਬ ਕੁਸਲ ਸੁਖ ਬਿਸ੍ਰਾਮ ਆਨਦਾ ਆਨੰਦ ਨਾਮ ਜਮ ਕੀ ਕਛੁ ਨਾਹਿ ਤ੍ਰਾਸ ਸਿਮਰਿ ਅੰਤਰਜਾਮੀ॥		Har Jan Kee Raen Baanshh Dhainehaar Suaamee ||1||	I long for the dust of the feet of the Lord's humble servant, O Great Giver, my Lord and Master. ||1||	ਪਰਮਾਤਮਾ ਦਾ ਨਾਮ ਸਾਰੇ ਸੁਖਾਂ ਦਾ ਸਾਰੀਆਂ ਖ਼ੁਸ਼ੀਆਂ ਦਾ, ਸਾਰੇ ਆਨੰਦਾਂ ਦਾ ਸੋਮਾ ਹੈ। ਹਰੇਕ ਦੇ ਦਿਲ ਦੀ ਜਾਣਨ ਵਾਲੇ ਪ੍ਰਭੂ ਦਾ ਨਾਮ ਸਿਮਰਿਆ ਕਰ, ਜਮਾਂ ਦਾ (ਭੀ) ਕੋਈ ਡਰ ਨਹੀਂ ਰਹਿ ਜਾਂਦਾ।
52911	1230	ਏਕ ਸਰਨ ਗੋਬਿੰਦ ਚਰਨ ਸੰਸਾਰ ਸਗਲ ਤਾਪ ਹਰਨ॥		Sarab Kusal Sukh Bisraam Aanadhaa Aanandh Naam Jam Kee Kashh Naahi Thraas Simar Antharajaamee ||	The Naam, the Name of the Lord, is the ultimate ecstasy, bliss, happiness, peace and tranquility. The fear is death is dispelled by meditating in remembrance on the Inner-knower, the Searcher of hearts.	ਇਕ ਪਰਮਾਤਮਾ ਦੇ ਚਰਨਾਂ ਦੀ ਸਰਨ ਜਗਤ ਦੇ ਸਾਰੇ ਦੁੱਖ-ਕਲੇਸ਼ ਦੂਰ ਕਰਨ ਜੋਗੀ ਹੈ। (ਇਹ ਸਰਨ ਸਾਧ ਸੰਗਤ ਵਿਚ ਹੀ ਮਿਲਦੀ ਹੈ)

52912	1230	ਨਾਵ ਰੂਪ ਸਾਧਸੰਗ ਨਾਨਕ ਪਾਰਗਰਾਮੀ॥੨॥੫॥ ੧੩੪॥		Eaek Saran Gobindh Charan Sansaar Sagal Thaap Haran ||	Only the Sanctuary of the Feet of the Lord of the Universe can destroy all the suffering of the world.	ਤੇ ਹੇ ਨਾਨਕ! ਸਾਧ ਸੰਗਤ ਬੇੜੀ ਵਾਂਗ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਵਾਲੀ ਹੈ ॥੨॥੫॥੧੩੪॥
52913	1230	ਸਾਰਗ ਮਹਲਾ ੫॥		Naav Roop Saadhhasang Naanak Paaragaraamee ||2||5||134||	The Saadh Sangat, the Company of the Holy, is the boat, O Nanak, to carry us across to the other side. ||2||5||134||	
52914	1230	ਗੁਨ ਲਾਲ ਗਾਵਉ ਗੁਰ ਦੇਖੇ॥		Saarag Mehalaa 5 ||	Saarang, Fifth Mehl:	ਜਦੋਂ ਗੁਰੂ ਦਾ ਦਰਸਨ ਕਰ ਕੇ ਮੈਂ ਸੋਹਣੇ ਹਰੀ ਦੇ ਗੁਣ ਗਾਂਦਾ ਹਾਂ,
52915	1230	ਪੰਚਾ ਤੇ ਏਕੁ ਛੂਟਾ ਜਉ ਸਾਧਸੰਗਿ ਪਗ ਰਉ॥੧॥ਰਹਾਉ॥	(ਰਉ) ਰਚੇ। ਪਗ: ਪੋਲਾ ਬੋਲੋ	Gun Laal Gaavo Gur Dhaekhae ||	Gazing upon my Guru, I sing the Praises of my Beloved Lord.	ਜਦੋਂ ਗੁਰੂ ਦੀ ਸੰਗਤ ਵਿਚ ਟਿਕ ਕੇ ਮੈਂ (ਪ੍ਰਭੂ ਦੇ ਚਰਨ) ਫੜਦਾ ਹਾਂ, ਤਾਂ (ਮੇਰਾ ਇਹ) ਮਨ (ਕਾਮਾਦਿਕ) ਪੰਜਾਂ (ਦੇ ਪੰਜੇ) ਤੋਂ ਨਿਕਲ ਜਾਂਦਾ ਹੈ ॥੧॥ ਰਹਾਉ ॥
52916	1230	ਦ੍ਰਿਸਟਉ ਕਛੁ ਸੰਗਿ ਨ ਜਾਇ ਮਾਨੁ ਤਿਆਗਿ ਮੋਹਾ॥	ਕੱਛੁ	Panchaa Thae Eaek Shhoottaa Jo Saadhhasang Pag Ro ||1|| Rehaao ||	I escape from the five thieves, and I find the One, when I join the Saadh Sangat, the Company of the Holy. ||1||Pause||	(ਇਹ ਜੋ) ਦਿੱਸਦਾ ਜਗਤ (ਹੈ, ਇਸ ਵਿਚੋਂ) ਕੁਝ ਭੀ (ਕਿਸੇ ਦੇ) ਨਾਲ ਨਹੀਂ ਜਾਂਦਾ (ਇਸ ਵਾਸਤੇ ਇਸ ਦਾ) ਮਾਣ ਤੇ ਮੋਹ ਛੱਡ ਦੇਹ।

52917	1230	ਏਕੈ ਹਰਿ ਪ੍ਰੀਤਿ ਲਾਇ ਮਿਲਿ ਸਾਧਸੰਗਿ ਸੋਹਾ॥੧॥		Dhrisatto Kashh Sang N Jaae Maan Thiaag Mohaa ||	Nothing of the visible world shall go along with you; abandon your pride and attachment.	ਸਾਧ ਸੰਗਤ ਵਿਚ ਮਿਲ ਕੇ ਇਕ ਪਰਮਾਤਮਾ ਦੇ ਚਰਨਾਂ ਨਾਲ ਪ੍ਰੀਤ ਜੋੜ (ਇਸ ਤਰ੍ਹਾਂ ਜੀਵਨ) ਸੋਹਣਾ ਬਣ ਜਾਂਦਾ ਹੈ ॥੧॥
52918	1230	ਪਾਇਓ ਹੈ ਗੁਣ ਨਿਧਾਨੁ ਸਗਲ ਆਸ ਪੂਰੀ॥		Eaekai Har Preeth Laae Mil Saadhhasang Sohaa ||1||	Love the One Lord, and join the Saadh Sangat, and you shall be embellished and exalted. ||1||	(ਹੇ ਭਾਈ!) ਮੈਂ ਗੁਣਾਂ ਦਾ ਖ਼ਜ਼ਾਨਾ ਪ੍ਰਭੂ ਲੱਭ ਲਿਆ ਹੈ, ਮੇਰੀ ਸਾਰੀ ਆਸ ਪੂਰੀ ਹੋ ਗਈ ਹੈ।
52919	1230	ਨਾਨਕ ਮਨਿ ਅਨੰਦ ਭਏ ਗੁਰਿ ਬਿਖਮ ਗਾਰ੍ ਤੋਰੀ॥੨॥੬॥੧੩੫॥		Paaeiou Hai Gun Nidhhaan Sagal Aas Pooree ||	I have found the Lord, the Treasure of Excellence; all my hopes have been fulfilled.	ਹੇ ਨਾਨਕ! ਗੁਰੂ ਨੇ (ਮੇਰੇ ਅੰਦਰੋਂ ਮਾਇਆ ਦੇ ਮੋਹ ਦੀ) ਕਰੜੀ ਗੰਢ ਖੋਹਲ ਦਿੱਤੀ ਹੈ, ਹੁਣ ਮੇਰੇ ਮਨ ਵਿਚ ਆਨੰਦ ਹੀ ਆਨੰਦ ਬਣ ਗਏ ਹਨ ॥੨॥੬॥੧੩੫॥
52920	1230	ਸਾਰਗ ਮਹਲਾ ੫॥		Naanak Man Anandh Bheae Gur Bikham Gaarh Thoree ||2||6||135||	Nanak's mind is in ecstasy; the Guru has shattered the impregnable fortress. ||2||6||135||	
52921	1230	ਮਨਿ ਬਿਰਾਗੈਗੀ॥	ਬਿਰਾਗੈ-ਗੀ	Saarag Mehalaa 5 ||	Saarang, Fifth Mehl:	ਹੇ ਸਖੀ! ਮੇਰੀ ਜਿੰਦ ਮਨ ਵਿਚ ਵੈਰਾਗ ਵਾਲੀ ਹੁੰਦੀ ਜਾਂਦੀ ਹੈ।

52922	1230	ਖੋਜਤੀ ਦਰਸਾਰ॥੧॥ਰਹਾਉ ॥		Man Biraagaigee || Khojathee Dharasaar ||1|| Rehaao ||	My mind is neutral and detached; I seek only the Blessed Vision of His Darshan. ||1||Pause||	(ਪ੍ਰਭੂ ਦਾ) ਦਰਸਨ ਕਰਨ ਦਾ ਜਤਨ ਕਰਦੀ ਕਰਦੀ ਮੇਰੀ ਜਿੰਦ (ਵੈਰਾਗਵਾਨ ਹੋ ਰਹੀ ਹੈ) ॥੧॥ ਰਹਾਉ ॥
52923	1230	ਸਾਧੂ ਸੰਤਨ ਸੇਵਿ ਕੈ ਪ੍ਰਿਉ ਹੀਅਰੈ ਧਿਆਇਓ॥		Saadhhoo Santhan Saev Kai Prio Heearai Dhhiaaeiou ||	Serving the Holy Saints, I meditate on my Beloved within my heart.	ਹੇ ਸਖੀ! ਸੰਤ ਜਨਾਂ ਦੀ ਸੇਵਾ ਕਰ ਕੇ (ਸਾਧ ਸੰਗਤ ਦੀ ਬਰਕਤਿ ਨਾਲ) ਮੈਂ ਪਿਆਰੇ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾ ਲਿਆ ਹੈ,
52924	1230	ਆਨੰਦ ਰੂਪੀ ਪੇਖਿ ਕੈ ਹਉ ਮਹਲੁ ਪਾਵਉਗੀ॥੧॥	ਮਹ-ਲੁ	Aanandh Roopee Paekh Kai Ho Mehal Paavougee ||1||	Gazing upon the Embodiment of Ecstasy, I rise to the Mansion of His Presence. ||1||	ਤੇ, ਉਸ ਆਨੰਦ-ਸਰੂਪ ਦਾ ਦਰਸਨ ਕਰ ਕੇ ਮੈਂ ਉਸ ਦੇ ਚਰਨਾਂ ਵਿਚ ਟਿਕਾਣਾ ਪ੍ਰਾਪਤ ਕਰ ਲਿਆ ਹੈ ॥੧॥
52925	1230	ਕਾਮ ਕਰੀ ਸਭ ਤਿਆਗਿ ਕੈ ਹਉ ਸਰਣਿ ਪਰਉਗੀ॥	(ਕਰੀ) ਕਾਮ ਹਾਥੀ ਸਭ ਔਗੁਣ। ਪਰਉ-ਗੀ	Kaam Karee Sabh Thiaag Kai Ho Saran Parougee ||	I work for Him; I have forsaken everything else. I seek only His Sanctuary.	ਹੇ ਸਖੀ! (ਜਗਤ ਦੇ) ਕੰਮ-ਧੰਧਿਆਂ ਦਾ ਸਾਰਾ ਮੋਹ ਛੱਡ ਕੇ ਮੈਂ ਪ੍ਰਭੂ ਦੀ ਸਰਨ ਪਈ ਰਹਿੰਦੀ ਹਾਂ।
52926	1230	ਨਾਨਕ ਸੁਆਮੀ ਗਰਿ ਮਿਲੇ ਹਉ ਗੁਰ ਮਨਾਵਉਗੀ॥੨॥੭॥ ੧੩੬॥	ਮਨਾ-ਵਉ-ਗੀ	Naanak Suaamee Gar Milae Ho Gur Manaavougee ||2||7||136||	O Nanak, my Lord and Master hugs me close in His Embrace; the Guru is pleased and satisfied with me. ||2||7||136||	ਹੇ ਨਾਨਕ! (ਜਿਸ ਗੁਰੂ ਦੀ ਕਿਰਪਾ ਨਾਲ) ਮਾਲਕ-ਪ੍ਰਭੂ ਜੀ (ਮੇਰੇ) ਗਲ ਨਾਲ ਆ ਲੱਗੇ ਹਨ, ਮੈਂ (ਉਸ) ਗੁਰੂ ਦੀ ਪ੍ਰਸੰਨਤਾ ਪ੍ਰਾਪਤ ਕਰਦੀ ਰਹਿੰਦੀ ਹਾਂ ॥੨॥੭॥੧੩੬॥

52927	1230	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52928	1230	ਐਸੀ ਹੋਇ ਪਰੀ॥		Aisee Hoe Paree ||	This is my condition.	(ਮੇਰੇ ਮਨ ਦੀ ਹਾਲਤ) ਇਹੋ ਜਿਹੀ ਹੋ ਗਈ ਹੈ,
52929	1230	ਜਾਨਤੇ ਦਇਆਰ॥੧॥ਰਹਾਉ॥		Jaanathae Dhaeiaar ||1|| Rehaao ||	Only my Merciful Lord knows it. ||1||Pause||	(ਤੇ, ਇਸ ਹਾਲਤ ਨੂੰ) ਦਇਆਲ ਪ੍ਰਭੂ (ਆਪ) ਜਾਣਦਾ ਹੈ ॥੧॥ ਰਹਾਉ ॥
52930	1230	ਮਾਤਰ ਪਿਤਰ ਤਿਆਗਿ ਕੈ ਮਨੁ ਸੰਤਨ ਪਾਹਿ ਬੇਚਾਇਓ॥	ਮਾਤਰ ਪਿਤਰ: ਪੋਲੇ ਬੋਲੋ	Maathar Pithar Thiaag Kai Man Santhan Paahi Baechaaeiou ||	I have abandoned my mother and father, and sold my mind to the Saints.	(ਗੁਰੂ ਦੇ ਉਪਦੇਸ ਦੀ ਬਰਕਤਿ ਨਾਲ) ਮਾਤਾ ਪਿਤਾ (ਆਦਿਕ ਸੰਬੰਧੀਆਂ ਦਾ ਮੋਹ) ਛੱਡ ਕੇ ਮੈਂ ਆਪਣਾ ਮਨ ਸੰਤ ਜਨਾਂ ਦੇ ਹਵਾਲੇ ਕਰ ਦਿੱਤਾ ਹੈ,
52931	1230	ਜਾਤਿ ਜਨਮ ਕੁਲ ਖੋਈਐ ਹਉ ਗਾਵਉ ਹਰਿ ਹਰੀ॥੧॥		Jaath Janam Kul Khoeeai Ho Gaavo Har Haree ||1||	I have lost my social status, birth-right and ancestry; I sing the Glorious Praises of the Lord, Har, Har. ||1||	ਮੈਂ (ਉੱਚੀ) ਜਾਤਿ ਕੁਲ ਜਨਮ (ਦਾ ਮਾਣ) ਛੱਡ ਦਿੱਤਾ ਹੈ, ਅਤੇ ਮੈਂ (ਹਰ ਵੇਲੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਹੀ ਕਰਦਾ ਹਾਂ (ਆਪਣੀ ਕੁਲ ਆਦਿਕ ਨੂੰ ਸਾਲਾਹਣ ਦੇ ਥਾਂ) ॥੧॥
52932	1230	ਲੋਕ ਕੁਟੰਬ ਤੇ ਟੂਟੀਐ ਪ੍ਰਭ ਕਿਰਤਿ ਕਿਰਤਿ ਕਰੀ॥		Lok Kuttanb Thae Ttootteeai Prabh Kirath Kirath Karee ||	I have broken away from other people and family; I work only for God.	(ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਮੇਰੀ ਪ੍ਰੀਤ) ਲੋਕਾਂ ਨਾਲੋਂ ਕੁਟੰਬ ਨਾਲੋਂ ਟੁੱਟ ਗਈ ਹੈ, ਪ੍ਰਭੂ ਨੇ ਮੈਨੂੰ ਨਿਹਾਲ ਨਿਹਾਲ ਕਰ ਦਿੱਤਾ ਹੈ।

52933	1230	ਗੁਰਿ ਮੋਕਉ ਉਪਦੇਸਿਆ ਨਾਨਕ ਸੇਵਿ ਏਕ ਹਰੀ॥੨॥੮॥੧੩੭॥		Gur Mo Ko Oupadhaesiaa Naanak Saev Eaek Haree ||2||8||137||	The Guru has taught me, O Nanak, to serve only the One Lord. ||2||8||137||	ਹੇ ਨਾਨਕ! ਗੁਰੂ ਨੇ ਮੈਨੂੰ ਸਿੱਖਿਆ ਦਿੱਤੀ ਹੈ ਕਿ ਸਦਾ ਇਕ ਪਰਮਾਤਮਾ ਦੀ ਸਰਨ ਪਿਆ ਰਹੁ ॥੨॥੮॥੧੩੭॥
52934	1231	ਸਾਰਗ ਮਹਲਾ ੫॥		Saarag Mehalaa 5 ||	Saarang, Fifth Mehl:	
52935	1231	ਲਾਲ ਲਾਲ ਮੋਹਨ ਗੋਪਾਲ ਤੂ॥		Laal Laal Mohan Gopaal Thoo ||	You are my Loving Beloved Enticing Lord of the World.	ਹੇ ਜਗਤ-ਰੱਖਿਅਕ ਪ੍ਰਭੂ! ਤੂੰ ਸੋਹਣਾ ਹੈਂ, ਤੂੰ ਸੋਹਣਾ ਹੈਂ, ਤੂੰ ਮਨ ਨੂੰ ਮੋਹ ਲੈਣ ਵਾਲਾ ਹੈਂ।
52936	1231	ਕੀਟ ਹਸਤਿ ਪਾਖਾਣ ਜੰਤ ਸਰਬ ਮੈ ਪ੍ਰਤਿਪਾਲ ਤੂ॥੧॥ਰਹਾਉ॥		Keett Hasath Paakhaan Janth Sarab Mai Prathipaal Thoo ||1|| Rehaao ||	You are in worms, elephants, stones and all beings and creatures; You nourish and cherish them all. ||1||Pause||	ਹੇ ਸਭ ਦੇ ਪਾਲਣਹਾਰ! ਕੀੜੇ, ਹਾਥੀ, ਪੱਥਰਾਂ ਦੇ (ਵਿਚ ਵੱਸਦੇ) ਜੰਤ-ਇਹਨਾਂ ਸਭਨਾਂ ਵਿਚ ਹੀ ਤੂੰ ਮੌਜੂਦ ਹੈਂ ॥੧॥ ਰਹਾਉ ॥
52937	1231	ਨਹ ਦੂਰਿ ਪੂਰਿ ਹਜੂਰਿ ਸੰਗੇ॥		Neh Dhoor Poor Hajoor Sangae ||	You are not far away; You are totally present with all.	ਹੇ ਪ੍ਰਭੂ! ਤੂੰ (ਕਿਸੇ ਜੀਵ ਤੋਂ) ਦੂਰ ਨਹੀਂ ਹੈਂ, ਤੂੰ ਸਭ ਵਿਚ ਵਿਆਪਕ ਹੈਂ, ਤੂੰ ਪ੍ਰਤੱਖ ਦਿੱਸਦਾ ਹੈਂ, ਤੂੰ (ਸਭ ਜੀਵਾਂ ਦੇ) ਨਾਲ ਹੈਂ।
52938	1231	ਸੁੰਦਰ ਰਸਾਲ ਤੂ॥੧॥		Sundhar Rasaal Thoo ||1||	You are Beautiful, the Source of Nectar. ||1||	ਤੂੰ ਸੋਹਣਾ ਹੈਂ, ਤੂੰ ਸਭ ਰਸਾਂ ਦਾ ਸੋਮਾ ਹੈਂ ॥੧॥

52939	1231	ਨਹ ਬਰਨ ਬਰਨ ਨਹ ਕੁਲਹ ਕੁਲ॥		Neh Baran Baran Neh Kuleh Kul ||	You have no caste or social class, no ancestry or family.	(ਹੇ ਪ੍ਰਭੂ! ਲੋਕਾਂ ਦੇ ਮਿਥੇ ਹੋਏ) ਵਰਣਾਂ ਵਿਚੋਂ ਤੇਰਾ ਕੋਈ ਵਰਣ ਨਹੀਂ ਹੈ (ਲੋਕਾਂ ਦੀਆਂ ਮਿਥੀਆਂ) ਕੁਲਾਂ ਵਿਚੋਂ ਤੇਰੀ ਕੋਈ ਕੁਲ ਨਹੀਂ (ਤੂੰ ਕਿਸੇ ਖ਼ਾਸ ਕੁਲ ਖ਼ਾਸ ਵਰਣ ਦਾ ਪੱਖ ਨਹੀਂ ਕਰਦਾ)।
52940	1231	ਨਾਨਕ ਪ੍ਰਭ ਕਿਰਪਾਲ ਤੂ॥੨॥੯॥੧੩੮॥		Naanak Prabh Kirapaal Thoo ||2||9||138||	Nanak: God, You are Merciful. ||2||9||138||	ਹੇ ਨਾਨਕ! (ਆਖ-ਹੇ ਪ੍ਰਭੂ!) ਤੂੰ (ਸਭਨਾਂ ਉਤੇ ਸਦਾ) ਦਇਆਵਾਨ ਰਹਿੰਦਾ ਹੈਂ ॥੨॥੯॥੧੩੮॥
52941	1231	ਸਾਰਗ ਮਃ ੫॥		Saarag Ma 5 ||	Saarang, Fifth Mehl:	
52942	1231	ਕਰਤ ਕੇਲ ਬਿਖੈ ਮੇਲ ਚੰਦ੍ਰ ਸੂਰ ਮੋਹੇ॥		Karath Kael Bikhai Mael Chandhr Soor Mohae ||	Acting and play-acting, the mortal sinks into corruption. Even the moon and the sun are enticed and bewitched.	(ਮਾਇਆ ਅਨੇਕਾਂ) ਕਲੋਲ ਕਰਦੀ ਹੈ, (ਜੀਵਾਂ ਨੂੰ) ਵਿਸ਼ੇ-ਵਿਕਾਰਾਂ ਨਾਲ ਜੋੜਦੀ ਹੈ, ਚੰਦ੍ਰਮਾ ਸੂਰਜ ਆਦਿਕ ਸਭ ਦੇਵਤੇ ਇਸ ਨੇ ਆਪਣੇ ਜਾਲ ਵਿਚ ਫਸਾ ਰੱਖੇ ਹਨ।

52943	1231	ਉਪਜਤਾ ਬਿਕਾਰ ਦੁੰਦਰ ਨਉਪਰੀ ਝੁਨੰਤਕਾਰ ਸੁੰਦਰ ਅਨਿਗ ਭਾਉ ਕਰਤ ਫਿਰਤ ਬਿਨੁ ਗੋਪਾਲ ਧੋਹੇ॥ਰਹਾਉ॥	(ਦੁੰਦਰ)ਦੁੰਦ ਝਗੜਾ ਮਚਾਉਣ ਵਾਲਾ। (ਨਉਪਰੀ)ਪੌਂਟੇ, ਝਾਂਜਰਾਂ। (ਅਨਿਗ)ਅਨੇਕਾਂ। (ਭਾਉ)ਹਾਵ ਭਾਵ। ਝੁ-ਨੰਤਕਾਰ। ਅਨਿੱਗ	Oupajathaa Bikaar Dhundhar Nouparee Jhunanthakaar Sundhar Anig Bhaao Karath Firath Bin Gopaal Dhohae || Rehaao ||	The disturbing noise of corruption wells up, in the tinkling ankle bells of Maya the beautiful. With her beguiling gestures of love, she seduces everyone except the Lord. ||Pause||	(ਮਾਇਆ ਦੇ ਪ੍ਰਭਾਵ ਹੇਠ ਜੀਵਾਂ ਦੇ ਅੰਦਰ) ਖਰੂਦੀ ਵਿਕਾਰ ਪੈਦਾ ਹੋ ਜਾਂਦੇ ਹਨ, ਝਾਂਜਰਾਂ ਦੀ ਛਣਕਾਰ ਵਾਂਗ ਮਾਇਆ ਜੀਵਾਂ ਨੂੰ ਪਿਆਰੀ ਲੱਗਦੀ ਹੈ, ਇਹ ਮਾਇਆ ਅਨੇਕਾਂ ਹਾਵ-ਭਾਵ ਕਰਦੀ ਫਿਰਦੀ ਹੈ। ਜਗਤ-ਰੱਖਿਅਕ ਪ੍ਰਭੂ ਤੋਂ ਬਿਨਾ ਮਾਇਆ ਨੇ ਸਭ ਜੀਵਾਂ ਨੂੰ ਠੱਗ ਲਿਆ ਹੈ ॥ ਰਹਾਉ॥
52944	1231	ਤੀਨਿ ਭਉਨੇ ਲਪਟਾਇ ਰਹੀ ਕਾਚ ਕਰਮਿ ਨ ਜਾਤ ਸਹੀ ਉਨਮਤ ਅੰਧ ਧੰਧ ਰਚਿਤ ਜੈਸੇ ਮਹਾ ਸਾਗਰ ਹੋਹੇ॥੧॥	ਹੋਹੇਧੱਕੇ ਪਾਣੀ ਦੇ	Theen Bhounae Lapattaae Rehee Kaach Karam N Jaath Sehee Ounamath Andhh Dhhandhh Rachith Jaisae Mehaa Saagar Hohae ||1||	Maya clings to the three worlds; those who are stuck in wrong actions cannot escape her. Drunk and engrossed in blind worldly affairs, they are tossed about on the mighty ocean. ||1||	ਮਾਇਆ ਤਿੰਨਾਂ ਭਵਨਾਂ (ਦੇ ਜੀਵਾਂ) ਨੂੰ ਚੰਬੜੀ ਰਹਿੰਦੀ ਹੈ, (ਪੁੰਨ ਦਾਨ ਤੀਰਥ ਆਦਿਕ) ਕੱਚੇ ਕਰਮ ਦੀ (ਇਸ ਮਾਇਆ ਦੀ ਸੱਟ) ਸਹਾਰੀ ਨਹੀਂ ਜਾ ਸਕਦੀ। ਜੀਵ ਮਾਇਆ ਦੇ ਮੋਹ ਵਿਚ ਮਸਤ ਤੇ ਅੰਨ੍ਹੇ ਹੋਏ ਰਹਿੰਦੇ ਹਨ, ਜਗਤ ਦੇ ਧੰਧਿਆਂ ਵਿਚ ਰੁੱਝੇ ਰਹਿੰਦੇ ਹਨ (ਇਉਂ ਧੱਕੇ ਖਾਂਦੇ ਹਨ) ਜਿਵੇਂ ਵੱਡੇ ਸਮੁੰਦਰ ਵਿਚ ਧੱਕੇ ਲੱਗਦੇ ਹਨ ॥੧॥

52945	1231	ਉਧਰੇ ਹਰਿ ਸੰਤ ਦਾਸ ਕਾਟਿ ਦੀਨੀ ਜਮ ਕੀ ਫਾਸ ਪਤਿਤ ਪਾਵਨ ਨਾਮੁ ਜਾ ਕੋ ਸਿਮਰਿ ਨਾਨਕ ਓਹੇ॥੨॥੧੦॥੧੩੯॥੩॥੧੩॥੧੫੫॥	(ਉ-ਧਰੇ) ਉਧਾਰ ਲਏ	Oudhharae Har Santh Dhaas Kaatt Dheenee Jam Kee Faas Pathith Paavan Naam Jaa Ko Simar Naanak Ouhae ||2||10||139||3||13||155||	The Saint, the slave of the Lord is saved; the noose of the Messenger of Death is snapped. The Naam, the Name of the Lord, is the Purifier of sinners; O Nanak, remember Him in meditation. ||2||10||139||3||13||155||	(ਮਾਇਆ ਦੇ ਅਸਰ ਤੋਂ) ਪਰਮਾਤਮਾ ਦੇ ਸੰਤ ਪ੍ਰਭੂ ਦੇ ਦਾਸ (ਹੀ) ਬਚਦੇ ਹਨ, ਪ੍ਰਭੂ ਨੇ ਉਹਨਾਂ ਦੀ ਜਮਾਂ ਵਾਲੀ (ਆਤਮਕ ਮੌਤ ਦੀ) ਫਾਹੀ ਕੱਟ ਦਿੱਤੀ ਹੁੰਦੀ ਹੈ। ਹੇ ਨਾਨਕ! ਜਿਸ ਪ੍ਰਭੂ ਦਾ ਨਾਮ 'ਪਤਿਤ ਪਾਵਨ' (-ਪਾਪੀਆਂ ਨੂੰ ਪਵਿੱਤਰ ਕਰਨ ਵਾਲਾ) ਹੈ, ਉਸੇ ਦਾ ਨਾਮ ਸਿਮਰਿਆ ਕਰ ॥੨॥੧੦॥੧੩੯॥੩॥੧੩॥੧੫੫॥
52946	1231	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
52947	1231	ਰਾਗੁ ਸਾਰੰਗ ਮਹਲਾ ੯॥	ਨਾਵਾਂ	Raag Saarang Mehalaa 9 ||	Raag Saarang, Ninth Mehl:	ਰਾਗ ਸਾਰੰਗ ਵਿੱਚ ਗੁਰੂ ਤੇਗਬਹਾਦਰ ਜੀ ਦੀ ਬਾਣੀ।
52948	1231	ਹਰਿ ਬਿਨੁ ਤੇਰੋ ਕੋ ਨ ਸਹਾਈ॥		Har Bin Thaero Ko N Sehaaee ||	No one will be your help and support, except the Lord.	ਪਰਮਾਤਮਾ ਤੋਂ ਬਿਨਾ ਤੇਰਾ (ਹੋਰ) ਕੋਈ ਭੀ ਸਹਾਇਤਾ ਕਰਨ ਵਾਲਾ ਨਹੀਂ ਹੈ।

52949	1231	ਕਾਂ ਕੀ ਮਾਤ ਪਿਤਾ ਸੁਤ ਬਨਿਤਾ ਕੋ ਕਾਹੂ ਕੋ ਭਾਈ॥੧॥ਰਹਾਉ॥		Kaan Kee Maath Pithaa Suth Banithaa Ko Kaahoo Ko Bhaaee ||1|| Rehaao ||	Who has any mother, father, child or spouse? Who is anyone's brother or sister? ||1||Pause||	ਕੌਣ ਕਿਸੇ ਦੀ ਮਾਂ? ਕੌਣ ਕਿਸੇ ਦਾ ਪਿਉ? ਕੌਣ ਕਿਸੇ ਦਾ ਪੁੱਤਰ? ਕੌਣ ਕਿਸੇ ਦੀ ਵਹੁਟੀ? (ਜਦੋਂ ਸਰੀਰ ਨਾਲੋਂ ਸਾਥ ਮੁੱਕ ਜਾਂਦਾ ਹੈ ਤਦੋਂ) ਕੌਣ ਕਿਸੇ ਦਾ ਭਰਾ ਬਣਦਾ ਹੈ? (ਕੋਈ ਨਹੀਂ) ॥੧॥ ਰਹਾਉ ॥
52950	1231	ਧਨੁ ਧਰਨੀ ਅਰੁ ਸੰਪਤਿ ਸਗਰੀ ਜੋ ਮਾਨਿਓ ਅਪਨਾਈ॥		Dhhan Dhharanee Ar Sanpath Sagaree Jo Maaniou Apanaaee ||	All the wealth, land and property which you consider your own	ਇਹ ਧਨ ਧਰਤੀ ਸਾਰੀ ਮਾਇਆ ਜਿਨ੍ਹਾਂ ਨੂੰ ਆਪਣੇ ਸਮਝੀ ਬੈਠਾ ਹੈ,
52951	1231	ਤਨ ਛੂਟੈ ਕਛੁ ਸੰਗਿ ਨ ਚਾਲੈ ਕਹਾ ਤਾਹਿ ਲਪਟਾਈ॥੧॥		Than Shhoottai Kashh Sang N Chaalai Kehaa Thaahi Lapattaaee ||1||	- when you leave your body, none of it shall go along with you. Why do you cling to them? ||1||	ਜਦੋਂ ਸਰੀਰ ਨਾਲੋਂ ਸਾਥ ਮੁੱਕਦਾ ਹੈ, ਕੋਈ ਚੀਜ਼ ਭੀ (ਜੀਵ ਦੇ) ਨਾਲ ਨਹੀਂ ਤੁਰਦੀ। ਫਿਰ ਜੀਵ ਕਿਉਂ ਇਹਨਾਂ ਨਾਲ ਚੰਬੜਿਆ ਰਹਿੰਦਾ ਹੈ? ॥੧॥
52952	1231	ਦੀਨ ਦਇਆਲ ਸਦਾ ਦੁਖਭੰਜਨ ਤਾ ਸਿਉ ਰੁਚਿ ਨ ਬਢਾਈ॥	ਦ-ਇਆਲ	Dheen Dhaeiaal Sadhaa Dhukh Bhanjan Thaa Sio Ruch N Badtaaee ||	God is Merciful to the meek, forever the Destroyer of fear, and yet you do not develop any loving relationship with Him.	ਜਿਹੜਾ ਪ੍ਰਭੂ ਗਰੀਬਾਂ ਉਤੇ ਦਇਆ ਕਰਨ ਵਾਲਾ ਹੈ, ਜੋ ਸਦਾ (ਜੀਵਾਂ ਦੇ) ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਤੂੰ ਉਸ ਨਾਲ ਪਿਆਰ ਨਹੀਂ ਵਧਾਂਦਾ।

52953	1231	ਨਾਨਕ ਕਹਤ ਜਗਤ ਸਭ ਮਿਥਿਆ ਜਿਉ ਸੁਪਨਾ ਰੈਨਾਈ॥੨॥੧॥		Naanak Kehath Jagath Sabh Mithhiaa Jio Supanaa Rainaaee ||2||1||	Says Nanak, the whole world is totally false; it is like a dream in the night. ||2||1||	ਨਾਨਕ ਆਖਦਾ ਹੈ ਕਿ ਜਿਵੇਂ ਰਾਤ ਦਾ ਸੁਪਨਾ ਹੁੰਦਾ ਹੈ ਤਿਵੇਂ ਸਾਰਾ ਜਗਤ ਨਾਸਵੰਤ ਹੈ ॥੨॥੧॥
52954	1231	ਸਾਰੰਗ ਮਹਲਾ ੯॥		Saarang Mehalaa 9 ||	Saarang, Ninth Mehl:	
52955	1231	ਕਹਾ ਮਨ ਬਿਖਿਆ ਸਿਉ ਲਪਟਾਹੀ॥		Kehaa Man Bikhiaa Sio Lapattaahee ||	O mortal, why are you engrossed in corruption?	ਹੇ ਮਨ! ਤੂੰ ਕਿਉਂ ਮਾਇਆ ਨਾਲ (ਹੀ) ਚੰਬੜਿਆ ਰਹਿੰਦਾ ਹੈ?
52956	1231	ਯਾ ਜਗ ਮੈ ਕੋਊ ਰਹਨੁ ਨ ਪਾਵੈ ਇਕਿ ਆਵਹਿ ਇਕਿ ਜਾਹੀ॥੧॥ਰਹਾਉ॥	ਯਾ: ਤਾਲੂ ਤੋਂ ਬੋਲੋ	Yaa Jag Mehi Kooo Rehan N Paavai Eik Aavehi Eik Jaahee ||1|| Rehaao ||	No one is allowed to remain in this world; one comes, and another departs. ||1||Pause||	(ਵੇਖ) ਇਸ ਦੁਨੀਆ ਵਿਚ (ਸਦਾ ਲਈ) ਕੋਈ ਭੀ ਟਿਕਿਆ ਨਹੀਂ ਰਹਿ ਸਕਦਾ। ਅਨੇਕਾਂ ਜੰਮਦੇ ਰਹਿੰਦੇ ਹਨ, ਅਨੇਕਾਂ ਹੀ ਮਰਦੇ ਰਹਿੰਦੇ ਹਨ ॥੧॥ ਰਹਾਉ ॥
52957	1231	ਕਾਂ ਕੋ ਤਨੁ ਧਨੁ ਸੰਪਤਿ ਕਾਂ ਕੀ ਕਾ ਸਿਉ ਨੇਹੁ ਲਗਾਹੀ॥		Kaan Ko Than Dhhan Sanpath Kaan Kee Kaa Sio Naehu Lagaahee ||	Who has a body? Who has wealth and property? With whom should we fall in love?	ਹੇ ਮਨ! (ਵੇਖ) ਸਦਾ ਲਈ ਨਾਹ ਕਿਸੇ ਦਾ ਸਰੀਰ ਰਹਿੰਦਾ ਹੈ, ਨਾਹ ਧਨ ਰਹਿੰਦਾ ਹੈ, ਨਾਹ ਮਾਇਆ ਰਹਿੰਦੀ ਹੈ। ਤੂੰ ਕਿਸ ਨਾਲ ਪਿਆਰ ਬਣਾਈ ਬੈਠਾ ਹੈਂ?

52958	1231	ਜੋ ਦੀਸੈ ਸੋ ਸਗਲ ਬਿਨਾਸੈ ਜਿਉ ਬਾਦਰ ਕੀ ਛਾਹੀ॥੧॥		Jo Dheesai So Sagal Binaasai Jio Baadhar Kee Shhaahee ||1||	Whatever is seen, shall all disappear, like the shade of a passing cloud. ||1||	ਜਿਵੇਂ ਬੱਦਲਾਂ ਦੀ ਛਾਂ ਹੈ, ਤਿਵੇਂ ਜੋ ਕੁਝ ਦਿੱਸ ਰਿਹਾ ਹੈ ਸਭ ਨਾਸਵੰਤ ਹੈ ॥੧॥
52959	1231	ਤਜਿ ਅਭਿਮਾਨੁ ਸਰਣਿ ਸੰਤਨ ਗਹੁ ਮੁਕਤਿ ਹੋਹਿ ਛਿਨ ਮਾਹੀ॥		Thaj Abhimaan Saran Santhan Gahu Mukath Hohi Shhin Maahee ||	Abandon egotism, and grasp the Sanctuary of the Saints; you shall be liberated in an instant.	ਹੇ ਮਨ! ਅਹੰਕਾਰ ਛੱਡ, ਤੇ, ਸੰਤ ਜਨਾ ਦੀ ਸਰਨ ਫੜ। (ਇਸ ਤਰ੍ਹਾਂ) ਇਕ ਛਿਨ ਵਿਚ ਤੂੰ (ਮਾਇਆ ਦੇ ਬੰਧਨਾਂ ਤੋਂ) ਸੁਤੰਤਰ ਹੋ ਜਾਹਿਂਗਾ।
52960	1231	ਜਨ ਨਾਨਕ ਭਗਵੰਤ ਭਜਨ ਬਿਨੁ ਸੁਖੁ ਸੁਪਨੈ ਭੀ ਨਾਹੀ॥੨॥੨॥		Jan Naanak Bhagavanth Bhajan Bin Sukh Supanai Bhee Naahee ||2||2||	O servant Nanak, without meditating and vibrating on the Lord God, there is no peace, even in dreams. ||2||2||	ਹੇ ਦਾਸ ਨਾਨਕ! ਪਰਮਾਤਮਾ ਦੇ ਭਜਨ ਤੋਂ ਬਿਨਾ ਕਦੇ ਸੁਪਨੇ ਵਿਚ ਭੀ ਸੁਖ ਨਹੀਂ ਮਿਲਦਾ ॥੨॥੨॥
52961	1231	ਸਾਰੰਗ ਮਹਲਾ ੯॥		Saarang Mehalaa 9 ||	Saarang, Ninth Mehl:	
52962	1231	ਕਹਾ ਨਰ ਅਪਨੋ ਜਨਮੁ ਗਵਾਵੈ॥		Kehaa Nar Apano Janam Gavaavai ||	O mortal, why have you wasted your life?	ਪਤਾ ਨਹੀਂ ਮਨੁੱਖ ਕਿਉਂ ਆਪਣਾ ਜੀਵਨ ਅਜਾਈਂ ਬਰਬਾਦ ਕਰਦਾ ਹੈ।

52963	1231	ਮਾਇਆ ਮਦਿ ਬਿਖਿਆ ਰਸਿ ਰਚਿਓ ਰਾਮ ਸਰਨਿ ਨਹੀ ਆਵੈ॥੧॥ਰਹਾਉ॥		Maaeiaa Madh Bikhiaa Ras Rachiou Raam Saran Nehee Aavai ||1|| Rehaao ||	Intoxicated with Maya and its riches, involved in corrupt pleasures, you have not sought the Sanctuary of the Lord. ||1||Pause||	ਮਾਇਆ ਦੀ ਮਸਤੀ ਵਿਚ ਮਾਇਆ ਦੇ ਸੁਆਦ ਵਿਚ ਰੁੱਝਾ ਰਹਿੰਦਾ ਹੈ, ਤੇ, ਪਰਮਾਤਮਾ ਦੀ ਸਰਨ ਨਹੀਂ ਪੈਂਦਾ ॥੧॥ ਰਹਾਉ ॥
52964	1231	ਇਹੁ ਸੰਸਾਰੁ ਸਗਲ ਹੈ ਸੁਪਨੋ ਦੇਖਿ ਕਹਾ ਲੋਭਾਵੈ॥		Eihu Sansaar Sagal Hai Supano Dhaekh Kehaa Lobhaavai ||	This whole world is just a dream; why does seeing it fill you with greed?	ਇਹ ਸਾਰਾ ਜਗਤ ਸੁਪਨੇ ਵਾਂਗ ਹੈ, ਇਸ ਨੂੰ ਵੇਖ ਕੇ, ਪਤਾ ਨਹੀਂ, ਮਨੁੱਖ ਕਿਉਂ ਲੋਭ ਵਿਚ ਫਸਦਾ ਹੈ।
52965	1231	ਜੋ ਉਪਜੈ ਸੋ ਸਗਲ ਬਿਨਾਸੈ ਰਹਨੁ ਨ ਕੋਊ ਪਾਵੈ॥੧॥		Jo Oupajai So Sagal Binaasai Rehan N Kooo Paavai ||1||	Everything that has been created will be destroyed; nothing will remain. ||1||	ਇੱਥੇ ਤਾਂ ਜੋ ਕੋਈ ਜੰਮਦਾ ਹੈ ਉਹ ਹਰੇਕ ਹੀ ਨਾਸ ਹੋ ਜਾਂਦਾ ਹੈ। ਇਥੇ ਸਦਾ ਲਈ ਕੋਈ ਨਹੀਂ ਟਿਕ ਸਕਦਾ ॥੧॥
52966	1231	ਮਿਥਿਆ ਤਨੁ ਸਾਚੋ ਕਰਿ ਮਾਨਿਓ ਇਹ ਬਿਧਿ ਆਪੁ ਬੰਧਾਵੈ॥		Mithhiaa Than Saacho Kar Maaniou Eih Bidhh Aap Bandhhaavai ||	You see this false body as true; in this way, you have placed yourself in bondage.	ਇਹ ਸਰੀਰ ਨਾਸਵੰਤ ਹੈ, ਪਰ ਜੀਵ ਇਸ ਨੂੰ ਸਦਾ ਕਾਇਮ ਰਹਿਣ ਵਾਲਾ ਸਮਝੀ ਰੱਖਦਾ ਹੈ, ਇਸ ਤਰ੍ਹਾਂ ਆਪਣੇ ਆਪ ਨੂੰ (ਮੋਹ ਦੀਆਂ ਫਾਹੀਆਂ ਵਿਚ) ਫਸਾਈ ਰੱਖਦਾ ਹੈ।

52967	1231	ਜਨ ਨਾਨਕ ਸੋਊ ਜਗ ਮੁਕਤਾ ਰਾਮ ਭਜਨ ਚਿਤੁ ਲਾਵੈ॥੨॥੩॥		Jan Naanak Sooo Jan Mukathaa Raam Bhajan Chith Laavai ||2||3||	O servant Nanak, he is a liberated being, whose consciousness lovingly vibrates, and meditates on the Lord. ||2||3||	ਹੇ ਦਾਸ ਨਾਨਕ! ਉਹੀ ਮਨੁੱਖ ਮੋਹ ਦੇ ਬੰਧਨਾਂ ਤੋਂ ਸੁਤੰਤਰ ਰਹਿੰਦਾ ਹੈ, ਜਿਹੜਾ ਪਰਮਾਤਮਾ ਦੇ ਭਜਨ ਵਿਚ ਆਪਣਾ ਚਿੱਤ ਜੋੜੀ ਰੱਖਦਾ ਹੈ ॥੨॥੩॥
52968	1231	ਸਾਰੰਗ ਮਹਲਾ ੯॥		Saarang Mehalaa 9 ||	Saarang, Fifth Mehl:	
52969	1231	ਮਨ ਕਰ ਕਬਹੂ ਨ ਹਰਿ ਗੁਨ ਗਾਇਓ॥		Man Kar Kabehoo N Har Gun Gaaeiou ||	In my mind, I never sang the Glorious Praises of the Lord.	ਹੇ ਪ੍ਰਭੂ! ਮੈਂ ਮਨ ਲਾ ਕੇ ਕਦੇ ਭੀ ਤੇਰੇ ਗੁਣ ਨਹੀਂ ਗਾਂਦਾ ਰਿਹਾ।
52970	1232	ਬਿਖਿਆਸਕਤਿ ਰਹਿਓ ਨਿਸਿ ਬਾਸੁਰ ਕੀਨੋ ਅਪਨੋ ਭਾਇਓ॥੧॥ਰਹਾਉ॥	(ਬਿਖਿਆਸਕਤਿ) ਵਿਸ਼ਿਆਂ ਚ ਖੱਚਤ ਹੋ ਰਿਹਾ ਹੈ	Bikhiaasakath Rehiou Nis Baasur Keeno Apano Bhaaeiou ||1|| Rehaao ||	I remained under the influence of corruption, night and day; I did whatever I pleased. ||1||Pause||	ਮੈਂ ਦਿਨ ਰਾਤ ਮਾਇਆ ਵਿਚ ਹੀ ਮਗਨ ਰਿਹਾ, ਉਹੀ ਕੁਝ ਕਰਦਾ ਰਿਹਾ, ਜੋ ਮੈਨੂੰ ਆਪ ਨੂੰ ਚੰਗਾ ਲੱਗਦਾ ਸੀ ॥੧॥ ਰਹਾਉ ॥
52971	1232	ਗੁਰ ਉਪਦੇਸੁ ਸੁਨਿਓ ਨਹਿ ਕਾਨਨਿ ਪਰ ਦਾਰਾ ਲਪਟਾਇਓ॥		Gur Oupadhaes Suniou Nehi Kaanan Par Dhaaraa Lapattaaeiou ||	I never listened to the Guru's Teachings; I was entangled with others' spouses.	ਹੇ ਹਰੀ! ਮੈਂ ਕੰਨਾਂ ਨਾਲ ਗੁਰੂ ਦੀ ਸਿੱਖਿਆ (ਕਦੇ) ਨਾਹ ਸੁਣੀ, ਪਰਾਈ ਇਸਤ੍ਰੀ ਵਾਸਤੇ ਕਾਮ-ਵਾਸਨਾ ਰੱਖਦਾ ਰਿਹਾ।

52972	1232	ਪਰ ਨਿੰਦਾ ਕਾਰਨਿ ਬਹੁ ਧਾਵਤ ਸਮਝਿਓ ਨਹ ਸਮਝਾਇਓ॥੧॥		Par Nindhaa Kaaran Bahu Dhhaavath Samajhiou Neh Samajhaaeiou ||1||	I ran all around slandering others; I was taught, but I never learned. ||1||	ਦੂਜਿਆਂ ਦੀ ਨਿੰਦਾ ਕਰਨ ਵਾਸਤੇ ਬਹੁਤ ਦੌੜ-ਭੱਜ ਕਰਦਾ ਰਿਹਾ। ਸਮਝਾਦਿਆਂ ਭੀ ਮੈਂ (ਕਦੇ) ਨਾਹ ਸਮਝਿਆ (ਕਿ ਇਹ ਕੰਮ ਮਾੜਾ ਹੈ) ॥੧॥
52973	1232	ਕਹਾ ਕਹਉ ਮੈ ਅਪੁਨੀ ਕਰਨੀ ਜਿਹ ਬਿਧਿ ਜਨਮੁ ਗਵਾਇਓ॥		Kehaa Keho Mai Apunee Karanee Jih Bidhh Janam Gavaaeiou ||	How can I even describe my actions? This is how I wasted my life.	ਹੇ ਹਰੀ! ਜਿਸ ਤਰ੍ਹਾਂ ਮੈਂ ਆਪਣਾ ਜੀਵਨ ਅਜਾਈਂ ਗਵਾ ਲਿਆ, ਉਹ ਮੈਂ ਕਿੱਥੋਂ ਤਕ ਆਪਣੀ ਕਰਤੂਤ ਦੱਸਾਂ?
52974	1232	ਕਹਿ ਨਾਨਕ ਸਭ ਅਉਗਨ ਮੋ ਮੈ ਰਾਖਿ ਲੇਹੁ ਸਰਨਾਇਓ॥੨॥੪॥ ੩॥੧੩॥੧੩੯॥੪॥ ੧੫੯॥		Kehi Naanak Sabh Aougan Mo Mehi Raakh Laehu Saranaaeiou ||2||4||3||13||139||4||159||	Says Nanak, I am totally filled with faults. I have come to Your Sanctuary - please save me, O Lord! ||2||4||3||13||139||4||159||	ਨਾਨਕ ਆਖਦਾ ਹੈ ਕਿ ਹੇ ਪ੍ਰਭੂ! ਮੇਰੇ ਅੰਦਰ ਸਾਰੇ ਔਗੁਣ ਹੀ ਹਨ। ਮੈਨੂੰ ਆਪਣੀ ਸਰਨ ਵਿਚ ਰੱਖ ॥੨॥੪॥੩॥੧੩॥੧੩੯॥੪॥੧੫੯॥
52975	1232	ਰਾਗੁ ਸਾਰਗ ਅਸਟਪਦੀਆ ਮਹਲਾ ੧ ਘਰੁ ੧	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Raag Saarag Asattapadheeaa Mehalaa 1 Ghar 1	Raag Saarang, Ashtapadees, First Mehl, First House:	ਰਾਗ ਸਾਰੰਗ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।

52976	1232	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
52977	1232	ਹਰਿ ਬਿਨੁ ਕਿਉ ਜੀਵਾ ਮੇਰੀ ਮਾਈ॥		Har Bin Kio Jeevaa Maeree Maaee ||	How can I live, O my mother?	ਹੇ ਮੇਰੀ ਮਾਂ! ਪਰਮਾਤਮਾ ਦੇ ਨਾਮ ਤੋਂ ਬਿਨਾ ਮੇਰੀ ਜਿੰਦ ਵਿਆਕੁਲ ਹੁੰਦੀ ਹੈ।
52978	1232	ਜੈ ਜਗਦੀਸ ਤੇਰਾ ਜਸੁ ਜਾਚਉ ਮੈ ਹਰਿ ਬਿਨੁ ਰਹਨੁ ਨ ਜਾਈ॥੧॥ ਰਹਾਉ॥	ਜੱਗਦੀਸ	Jai Jagadhees Thaeraa Jas Jaacho Mai Har Bin Rehan N Jaaee ||1|| Rehaao ||	Hail to the Lord of the Universe. I ask to sing Your Praises; without You, O Lord, I cannot even survive. ||1||Pause||	ਹੇ ਜਗਤ ਦੇ ਮਾਲਕ! ਤੇਰੀ ਹੀ ਸਦਾ ਜੈ (ਜਿੱਤ) ਹੈ। ਮੈਂ (ਤੇਰੇ ਪਾਸੋਂ) ਤੇਰੀ ਸਿਫ਼ਤ-ਸਾਲਾਹ (ਦੀ ਦਾਤਿ) ਮੰਗਦਾ ਹਾਂ। ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਮੇਰਾ ਮਨ ਘਾਬਰਦਾ ਹੈ ॥੧॥ ਰਹਾਉ ॥
52979	1232	ਹਰਿ ਕੀ ਪਿਆਸ ਪਿਆਸੀ ਕਾਮਨਿ ਦੇਖਉ ਰੈਨਿ ਸਬਾਈ॥		Har Kee Piaas Piaasee Kaaman Dhaekho Rain Sabaaee ||	I am thirsty, thirsty for the Lord; the soul-bride gazes upon Him all through the night.	ਜਿਵੇਂ ਇਸਤ੍ਰੀ ਨੂੰ ਆਪਣੇ ਪਤੀ ਦੇ ਮਿਲਣ ਦੀ ਤਾਂਘ ਹੁੰਦੀ ਹੈ ਉਹ ਸਾਰੀ ਰਾਤ ਉਸ ਦੀ ਉਡੀਕ ਕਰਦੀ ਹੈ, ਤਿਵੇਂ ਮੈਨੂੰ ਹਰੀ ਦੇ ਦੀਦਾਰ ਦੀ ਹੈ, ਮੈਂ ਸਾਰੀ ਉਮਰ ਹੀ ਉਸ ਦੀ ਉਡੀਕ ਕਰਦੀ ਚਲੀ ਆ ਰਹੀ ਹਾਂ।

52980	1232	ਸ੍ਰੀਧਰ ਨਾਥ ਮੇਰਾ ਮਨੁ ਲੀਨਾ ਪ੍ਰਭੁ ਜਾਨੈ ਪੀਰ ਪਰਾਈ॥੧॥		Sreedhhar Naathh Maeraa Man Leenaa Prabh Jaanai Peer Paraaee ||1||	My mind is absorbed into the Lord, my Lord and Master. Only God knows the pain of another. ||1||	ਹੇ ਲੱਛਮੀ-ਪਤੀ! ਹੇ (ਜਗਤ ਦੇ) ਨਾਥ! ਮੇਰਾ ਮਨ ਤੇਰੀ ਯਾਦ ਵਿਚ ਮਸਤ ਹੈ। (ਹੇ ਮਾਂ!) ਪਰਮਾਤਮਾ ਹੀ ਪਰਾਈ ਪੀੜ ਸਮਝ ਸਕਦਾ ਹੈ ॥੧॥
52981	1232	ਗਣਤ ਸਰੀਰਿ ਪੀਰ ਹੈ ਹਰਿ ਬਿਨੁ ਗੁਰ ਸਬਦੀ ਹਰਿ ਪਾਈ॥		Ganath Sareer Peer Hai Har Bin Gur Sabadhee Har Paanee ||	My body suffers in pain, without the Lord; through the Word of the Guru's Shabad, I find the Lord.	(ਹੇ ਮਾਂ!) ਪਰਮਾਤਮਾ ਦੀ ਯਾਦ ਤੋਂ ਬਿਨਾ ਮੇਰੇ ਹਿਰਦੇ ਵਿਚ (ਹੋਰ ਹੋਰ) ਚਿੰਤਾ-ਫ਼ਿਕਰਾਂ ਦੀ ਤਕਲਫ਼ਿ ਟਿਕੀ ਰਹਿੰਦੀ ਹੈ। ਉਹ ਪਰਮਾਤਮਾ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਮਿਲ ਸਕਦਾ ਹੈ।
52982	1232	ਹੋਹੁ ਦਇਆਲ ਕ੍ਰਿਪਾ ਕਰਿ ਹਰਿ ਜੀਉ ਹਰਿ ਸਿਉ ਰਹਾਂ ਸਮਾਈ॥੨॥		Hohu Dhaeiaal Kirapaa Kar Har Jeeo Har Sio Rehaan Samaaee ||2||	O Dear Lord, please be kind and compassionate to me, that I might remain merged in You, O Lord. ||2||	ਹੇ ਪਿਆਰੇ ਹਰੀ! ਮੇਰੇ ਉਤੇ ਦਇਆਲ ਹੋ, ਮੇਰੇ ਉਤੇ ਕਿਰਪਾ ਕਰ, ਮੈਂ ਤੇਰੀ ਯਾਦ ਵਿਚ ਲੀਨ ਰਹਾਂ ॥੨॥
52983	1232	ਐਸੀ ਰਵਤ ਰਵਹੁ ਮਨ ਮੇਰੇ ਹਰਿ ਚਰਣੀ ਚਿਤੁ ਲਾਈ॥		Aisee Ravath Ravahu Man Maerae Har Charanee Chith Laaee ||	Follow such a path, O my conscious mind, that you may remain focused on the Feet of the Lord.	ਹੇ ਮੇਰੇ ਮਨ! ਅਜੇਹਾ ਰਸਤਾ ਫੜ ਕਿ ਪਰਮਾਤਮਾ ਦੇ ਚਰਨਾਂ ਵਿਚ ਜੁੜਿਆ ਰਹੇਂ।

52984	1232	ਬਿਸਮ ਭਏ ਗੁਣ ਗਾਇ ਮਨੋਹਰ ਨਿਰਭਉ ਸਹਜਿ ਸਮਾਈ॥੩॥		Bisam Bheae Gun Gaae Manohar Nirabho Sehaj Samaaee ||3||	I am wonder-struck, singing the Glorious Praises of my Fascinating Lord; I am intuitively absorbed in the Fearless Lord. ||3||	ਮਨ ਨੂੰ ਮੋਹਣ ਵਾਲੇ ਪਰਮਾਤਮਾ ਦੇ ਗੁਣ ਗਾ ਕੇ (ਭਾਗਾਂ ਵਾਲੇ ਬੰਦੇ ਆਨੰਦ ਵਿਚ) ਮਸਤ ਰਹਿੰਦੇ ਹਨ, ਦੁਨੀਆ ਵਾਲੇ ਡਰਾਂ-ਸਹਿਮਾਂ ਤੋਂ ਨਿਡਰ ਹੋ ਕੇ ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ ॥੩॥
52985	1232	ਹਿਰਦੈ ਨਾਮੁ ਸਦਾ ਧੁਨਿ ਨਿਹਚਲ ਘਟੈ ਨ ਕੀਮਤਿ ਪਾਈ॥		Hiradhai Naam Sadhaa Dhhun Nihachal Ghattai N Keemath Paaee ||	That heart, in which the Eternal, Unchanging Naam vibrates and resounds, does not diminish, and cannot be evaluated.	(ਹੇ ਮੇਰੇ ਮਨ!) ਜੇ ਹਿਰਦੇ ਵਿਚ ਪ੍ਰਭੂ ਦਾ ਨਾਮ ਵੱਸ ਪਏ, ਜੇ (ਪ੍ਰਭੂ-ਪਿਆਰ ਦੀ) ਸਦੀਵੀ ਅਟੱਲ ਰੌ ਚੱਲ ਪਏ, ਤਾਂ ਉਹ ਫਿਰ ਕਦੇ ਘਟਦੀ ਨਹੀਂ, ਦੁਨੀਆ ਦਾ ਕੋਈ ਸੁਖ ਦੁਨੀਆ ਦਾ ਕੋਈ ਪਦਾਰਥ ਉਸ ਦੀ ਬਰਾਬਰੀ ਨਹੀਂ ਕਰ ਸਕਦਾ।
52986	1232	ਬਿਨੁ ਨਾਵੈ ਸਭੁ ਕੋਈ ਨਿਰਧਨੁ ਸਤਿਗੁਰਿ ਬੂਝ ਬੁਝਾਈ॥੪॥	ਬੂੱਝ ਬੁਝਾਈ	Bin Naavai Sabh Koee Niradhhan Sathigur Boojh Bujhaaee ||4||	Without the Name, everyone is poor; the True Guru has imparted this understanding. ||4||	ਸਤਿਗੁਰੂ ਨੇ ਮੈਨੂੰ ਸਮਝ ਬਖ਼ਸ਼ ਦਿੱਤੀ ਹੈ ਕਿ ਪਰਮਾਤਮਾ ਦੇ ਨਾਮ ਤੋਂ ਬਿਨਾ ਹਰੇਕ ਜੀਵ ਕੰਗਾਲ (ਹੀ) ਹੈ (ਭਾਵੇਂ ਉਸ ਦੇ ਪਾਸ ਕਿਤਨਾ ਹੀ ਧਨ-ਪਦਾਰਥ ਹੋਵੇ) ॥੪॥

52987	1232	ਪ੍ਰੀਤਮ ਪ੍ਰਾਨ ਭਏ ਸੁਨਿ ਸਜਨੀ ਦੂਤ ਮੁਏ ਬਿਖੁ ਖਾਈ॥	ਸੱਜਨੀ। ਬਿਖੁ: ਪੋਲਾ ਬੋਲੋ	Preetham Praan Bheae Sun Sajanee Dhooth Mueae Bikh Khaaee ||	My Beloved is my breath of life - listen, O my companion. The demons have taken poison and died.	ਹੇ ਸਹੇਲੀਏ! (ਹੇ ਸਤਸੰਗੀ ਸੱਜਣ!) ਸੁਣ! (ਗੁਰੂ ਦੀ ਕਿਰਪਾ ਨਾਲ) ਮੇਰੇ ਮਨ ਵਿਚ ਪ੍ਰੀਤਮ ਪਿਆਰਾ ਲੱਗ ਰਿਹਾ ਹੈ, ਕਾਮਾਦਿਕ ਵੈਰੀ (ਮੇਰੇ ਭਾ ਦੇ) ਮਰ ਗਏ ਹਨ, ਉਹਨਾਂ (ਮਾਨੋ) ਜ਼ਹਰ ਖਾ ਲਈ ਹੈ।
52988	1232	ਜਬ ਕੀ ਉਪਜੀ ਤਬ ਕੀ ਤੈਸੀ ਰੰਗੁਲ ਭਈ ਮਨਿ ਭਾਈ॥੫॥		Jab Kee Oupajee Thab Kee Thaisee Rangul Bhee Man Bhaaee ||5||	As love for Him welled up, so it remains. My mind is imbued with His Love. ||5||	ਮੈਂ ਉਸ ਦੇ ਪ੍ਰੇਮ ਵਿਚ ਰੰਗੀ ਗਈ ਹਾਂ। ਜਦੋਂ ਦੀ (ਪ੍ਰਭੂ-ਚਰਨਾਂ ਵਿਚ ਪ੍ਰੀਤ) ਪੈਦਾ ਹੋਈ ਹੈ, ਤਦੋਂ ਦੀ ਉਹੋ ਜਿਹੀ ਕਾਇਮ ਹੈ (ਘਟੀ ਨਹੀਂ), ਮੇਰੀ ਜਿੰਦ ਪ੍ਰੀਤਮ-ਪ੍ਰਭੂ ਨਾਲ ਇਕ-ਮਿਕ ਹੋ ਗਈ ਹੈ ॥੫॥
52989	1232	ਸਹਜ ਸਮਾਧਿ ਸਦਾ ਲਿਵ ਹਰਿ ਸਿਉ ਜੀਵਾਂ ਹਰਿ ਗੁਨ ਗਾਈ॥		Sehaj Samaadhh Sadhaa Liv Har Sio Jeevaan Har Gun Gaaee ||	I am absorbed in celestial samaadhi, lovingly attached to the Lord forever. I live by singing the Glorious Praises of the Lord.	ਮੈਂ ਸਦਾ ਪ੍ਰਭੂ ਵਿਚ ਲਿਵ ਲਾਈ ਰੱਖਦਾ ਹਾਂ, ਤੇ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹਾਂ, ਜਿਉਂ ਜਿਉਂ ਮੈਂ ਹਰੀ ਦੇ ਗੁਣ ਗਾਂਦਾ ਹਾਂ ਮੇਰੇ ਅੰਦਰ ਆਤਮਕ ਜੀਵਨ ਪਲਰਦਾ ਹੈ।

52990	1232	ਗੁਰ ਕੈ ਸਬਦਿ ਰਤਾ ਬੈਰਾਗੀ ਨਿਜ ਘਰਿ ਤਾੜੀ ਲਾਈ॥੬॥		Gur Kai Sabadh Rathaa Bairaagee Nij Ghar Thaarree Laaee ||6||	Imbued with the Word of the Guru's Shabad, I have become detached from the world. In the profound primal trance, I dwell within the home of my own inner being. ||6||	ਗੁਰੂ ਦੇ ਸ਼ਬਦ ਵਿਚ ਰੰਗੀਜ ਕੇ ਮੈਂ (ਪ੍ਰਭੂ-ਚਰਨਾਂ ਦਾ) ਪ੍ਰੇਮੀ ਬਣ ਗਿਆ ਹਾਂ, ਹੁਣ ਮੈਂ ਆਪਣੇ ਅੰਦਰ ਹੀ ਪ੍ਰਭੂ ਦੀ ਯਾਦ ਵਿਚ ਜੁੜਿਆ ਰਹਿੰਦਾ ਹਾਂ ॥੬॥
52991	1232	ਸੁਧ ਰਸ ਨਾਮੁ ਮਹਾ ਰਸੁ ਮੀਠਾ ਨਿਜ ਘਰਿ ਤਤੁ ਗੁਸਾਂਈਂ॥		Sudhh Ras Naam Mehaa Ras Meethaa Nij Ghar Thath Gusaaneen ||	The Naam, the Name of the Lord, is sublimely sweet and supremely delicious; within the home of my own self, I understand the essence of the Lord.	ਹੇ ਧਰਤੀ ਦੇ ਮਾਲਕ ਪ੍ਰਭੂ! ਪਵਿਤ੍ਰਤਾ ਦਾ ਰਸ ਦੇਣ ਵਾਲਾ ਤੇਰਾ ਨਾਮ ਮੈਨੂੰ ਬੜੇ ਹੀ ਸੁਆਦਲੇ ਰਸ ਵਾਲਾ ਜਾਪ ਮੈਨੂੰ ਮਿੱਠਾ ਲੱਗ ਰਿਹਾ ਹੈ, ਤੂੰ ਜਗਤ-ਦਾ-ਮੂਲ ਮੈਨੂੰ ਮੇਰੇ ਹਿਰਦੇ ਵਿਚ ਹੀ ਲੱਭ ਪਿਆ ਹੈਂ।
52992	1232	ਤਹ ਹੀ ਮਨੁ ਜਹ ਹੀ ਤੈ ਰਾਖਿਆ ਐਸੀ ਗੁਰਮਤਿ ਪਾਈ॥੭॥		Theh Hee Man Jeh Hee Thai Raakhiaa Aisee Guramath Paaee ||7||	Wherever You keep my mind, there it is. This is what the Guru has taught me. ||7||	ਹੇ ਪ੍ਰਭੂ! ਮੈਨੂੰ ਸਤਿਗੁਰੂ ਦੀ ਅਜੇਹੀ ਮੱਤ ਪ੍ਰਾਪਤ ਹੋ ਗਈ ਹੈ ਕਿ ਜਿੱਥੇ (ਆਪਣੇ ਚਰਨਾਂ ਵਿਚ) ਤੂੰ ਮੇਰਾ ਮਨ ਜੋੜਿਆ ਹੈ ਉਥੇ ਹੀ ਜੁੜਿਆ ਪਿਆ ਹੈ ॥੭॥

52993	1232	ਸਨਕ ਸਨਾਦਿ ਬ੍ਰਹਮਾਦਿ ਇੰਦ੍ਰਾਦਿਕ ਭਗਤਿ ਰਤੇ ਬਨਿ ਆਈ॥	ਰੱਤੇ	Sanak Sanaadh Brehamaadh Eindhraadhik Bhagath Rathae Ban Aaee ||	Sanak and Sanandan, Brahma and Indra, were imbued with devotional worship, and came to be in harmony with Him.	ਇੰਦ੍ਰ ਵਰਗੇ ਦੇਵਤੇ, ਬ੍ਰਹਮਾ ਤੇ ਉਸ ਦੇ ਪੁਤ੍ਰ ਸਨਕ ਵਰਗੇ ਮਹਾ ਪੁਰਖ ਜਦੋਂ ਪਰਮਾਤਮਾ ਦੀ ਭਗਤੀ (ਦੇ ਰੰਗ) ਵਿਚ ਰੰਗੇ ਗਏ, ਤਾਂ ਉਹਨਾਂ ਦੀ ਪ੍ਰੀਤ ਪ੍ਰਭੂ-ਚਰਨਾਂ ਨਾਲ ਬਣ ਗਈ।
52994	1232	ਨਾਨਕ ਹਰਿ ਬਿਨੁ ਘਰੀ ਨ ਜੀਵਾਂ ਹਰਿ ਕਾ ਨਾਮੁ ਵਡਾਈ॥੮॥੧॥		Naanak Har Bin Gharee N Jeevaan Har Kaa Naam Vaddaaee ||8||1||	O Nanak, without the Lord, I cannot live, even for an instant. The Name of the Lord is glorious and great. ||8||1||	ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਇਕ ਘੜੀ-ਮਾਤ੍ਰ ਵਿਛੁੜਿਆਂ ਭੀ ਮੇਰੀ ਜਿੰਦ ਵਿਆਕੁਲ ਹੋ ਜਾਂਦੀ ਹੈ। ਪਰਮਾਤਮਾ ਦਾ ਨਾਮ ਹੀ ਮੇਰੇ ਵਾਸਤੇ (ਸਭ ਤੋਂ ਸ੍ਰੇਸ਼ਟ) ਵਡਿਆਈ-ਮਾਣ ਹੈ ॥੮॥੧॥
52995	1232	ਸਾਰਗ ਮਹਲਾ ੧॥		Saarag Mehalaa 1 ||	Saarang, First Mehl:	
52996	1232	ਹਰਿ ਬਿਨੁ ਕਿਉ ਧੀਰੈ ਮਨੁ ਮੇਰਾ॥		Har Bin Kio Dhheerai Man Maeraa ||	Without the Lord, how can my mind be comforted?	ਪਰਮਾਤਮਾ ਦੇ ਨਾਮ ਤੋਂ ਵਿਛੁੜ ਕੇ ਮੇਰਾ ਮਨ (ਹੁਣ) ਕਿਸੇ ਤਰ੍ਹਾਂ ਭੀ ਧੀਰਜ ਨਹੀਂ ਫੜਦਾ (ਟਿਕਦਾ ਨਹੀਂ ਕਿਉਂਕਿ ਇਸ ਨੂੰ ਅਨੇਕਾਂ ਦੁੱਖ ਰੋਗ ਆ ਵਾਪਰਦੇ ਹਨ)।

52997	1232	ਕੋਟਿ ਕਲਪ ਕੇ ਦੂਖ ਬਿਨਾਸਨ ਸਾਚੁ ਦ੍ਰਿੜਾਇ ਨਿਬੇਰਾ॥੧॥ਰਹਾਉ॥		Kott Kalap Kae Dhookh Binaasan Saach Dhrirraae Nibaeraa ||1|| Rehaao ||	The guilt and sin of millions of ages is erased, and one is released from the cycle of reincarnation, when the Truth is implanted within. ||1||Pause||	ਪਰ ਜੇ ਕ੍ਰੋੜਾਂ ਜੁਗਾਂ ਦੇ ਦੁੱਖ ਨਾਸ ਕਰਨ ਵਾਲੇ ਤੇ ਸਦਾ ਹੀ ਥਿਰ ਰਹਿਣ ਵਾਲੇ ਪਰਮਾਤਮਾ ਨੂੰ (ਮਨ ਵਿਚ) ਟਿਕਾ ਲਈਏ ਤਾਂ ਸਾਰੇ ਦੁੱਖਾਂ ਰੋਗਾਂ ਦਾ ਨਾਸ ਹੋ ਜਾਂਦਾ ਹੈ (ਤੇ ਮਨ ਟਿਕਾਣੇ ਆ ਜਾਂਦਾ ਹੈ) ॥੧॥ ਰਹਾਉ ॥
52998	1232	ਕ੍ਰੋਧੁ ਨਿਵਾਰਿ ਜਲੇ ਹਉ ਮਮਤਾ ਪ੍ਰੇਮੁ ਸਦਾ ਨਉਰੰਗੀ॥	(ਨਉਰੰਗੀ) ਨਵੀਨ ਰੰਗ	Krodhh Nivaar Jalae Ho Mamathaa Praem Sadhaa No Rangee ||	Anger is gone, egotism and attachment have been burnt away; I am imbued with His ever-fresh Love.	ਉਸ ਦੇ ਕ੍ਰੋਧ ਨੂੰ (ਆਪਣੇ ਅੰਦਰੋਂ) ਕੱਢ ਦਿੱਤਾ ਹੈ, ਉਸ ਦੀ ਹਉਮੈ ਤੇ ਅਪਣੱਤ ਸੜ ਜਾਂਦੀ ਹੈ, ਨਿੱਤ ਨਵਾਂ ਰਹਿਣ ਵਾਲਾ ਪ੍ਰੇਮ (ਉਸ ਦੇ ਹਿਰਦੇ ਵਿਚ ਜਾਗ ਪੈਂਦਾ ਹੈ),
52999	1232	ਅਨਭਉ ਬਿਸਰਿ ਗਏ ਪ੍ਰਭੁ ਜਾਚਿਆ ਹਰਿ ਨਿਰਮਾਇਲੁ ਸੰਗੀ॥੧॥	ਅਨ-ਭਉ	Anabho Bisar Geae Prabh Jaachiaa Har Niramaaeil Sangee ||1||	Other fears are forgotten, begging at God's Door. The Immaculate Lord is my Companion. ||1||	ਜਿਸ ਮਨੁੱਖ ਨੇ ਪ੍ਰਭੂ (ਦੇ ਦਰ ਤੋਂ ਨਾਮ ਦਾ ਦਾਨ) ਮੰਗਿਆ ਹੈ, ਉਸ ਨੂੰ ਹੋਰਨਾਂ ਦਾ ਡਰ-ਸਹਿਮ ਭੁੱਲ ਜਾਂਦਾ ਹੈ। ਪਵਿੱਤ-ਸਰੂਪ ਪ੍ਰਭੂ ਉਸ ਦਾ (ਸਦਾ ਲਈ) ਸਾਥੀ ਬਣ ਗਿਆ ਹੈ ॥੧॥

53000	1232	ਚੰਚਲ ਮਤਿ ਤਿਆਗਿ ਭਉ ਭੰਜਨੁ ਪਾਇਆ ਏਕ ਸਬਦਿ ਲਿਵ ਲਾਗੀ॥		Chanchal Math Thiaag Bho Bhanjan Paaeiaa Eaek Sabadh Liv Laagee ||	Forsaking my fickle intellect, I have found God, the Destroyer of fear; I am lovingly attuned to the One Word, the Shabad.	ਜਿਸ ਮਨੁੱਖ ਨੇ ਇਕ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਸੁਰਤ ਜੋੜੀ ਹੈ ਉਸ ਨੇ (ਮਾਇਕ ਪਦਾਰਥਾਂ ਦੇ ਪਿੱਛੇ) ਭਟਕਣ ਵਾਲੀ ਮੱਤ (ਦੀ ਅਗਵਾਈ) ਤਿਆਗ ਕੇ ਡਰ ਨਾਸ ਕਰਨ ਵਾਲਾ ਪਰਮਾਤਮਾ ਲੱਭ ਲਿਆ ਹੈ।
53001	1232	ਹਰਿ ਰਸੁ ਚਾਖਿ ਤ੍ਰਿਖਾ ਨਿਵਾਰੀ ਹਰਿ ਮੇਲਿ ਲਏ ਬਡਭਾਗੀ॥੨॥		Har Ras Chaakh Thrikhaa Nivaaree Har Mael Leae Baddabhaagee ||2||	Tasting the sublime essence of the Lord, my thirst is quenched; by great good fortune, the Lord has united me with Himself. ||2||	ਪਰਮਾਤਮਾ ਦੇ ਨਾਮ ਦਾ ਸੁਆਦ ਚੱਖ ਕੇ ਉਸ ਨੇ (ਆਪਣੇ ਅੰਦਰੋਂ ਮਾਇਆ ਦੀ) ਤ੍ਰਿਹ ਦੂਰ ਕਰ ਲਈ ਹੈ, ਉਸ ਵਡ-ਭਾਗੀ ਮਨੁੱਖ ਨੂੰ ਪ੍ਰਭੂ ਨੇ ਆਪਣੇ ਚਰਨਾਂ ਵਿਚ ਮਿਲਾ ਲਿਆ ਹੈ ॥੨॥
53002	1232	ਅਭਰਤ ਸਿੰਚਿ ਭਏ ਸੁਭਰ ਸਰ ਗੁਰਮਤਿ ਸਾਚੁ ਨਿਹਾਲਾ॥	(ਅ-ਭਰਤ) ਖ਼ਾਲੀ ਰਿਦੇ। ਸੁੱਭਰ	Abharath Sinch Bheae Subhar Sar Guramath Saach Nihaalaa ||	The empty tank has been filled to overflowing. Following the Guru's Teachings, I am enraptured with the True Lord.	ਜਿਸ ਮਨੁੱਖ ਨੇ ਗੁਰੂ ਦੀ ਮੱਤ ਲੈ ਕੇ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦਾ ਦਰਸਨ ਕਰ ਲਿਆ, ਪ੍ਰਭੂ ਦਾ ਨਾਮ-ਜਲ ਸਿੰਜ ਕੇ ਉਸ ਦੇ ਉਹ ਗਿਆਨ-ਇੰਦ੍ਰੇ ਨਕਾਨਕ ਭਰ ਗਏ ਜਿਨ੍ਹਾਂ ਦੀ ਤ੍ਰਿਸ਼ਨਾ ਪਹਿਲਾਂ ਕਦੇ ਭੀ ਮੁੱਕਦੀ ਨਹੀਂ ਸੀ।

53003	1233	ਮਨ ਰਤਿ ਨਾਮਿ ਰਤੇ ਨਿਹਕੇਵਲ ਆਦਿ ਜੁਗਾਦਿ ਦਇਆਲਾ॥੩॥	ਰਤਿ: ਪੋਲਾ ਬੋਲੋ,ਰੱਤੇ	Man Rath Naam Rathae Nihakaeval Aadh Jugaadh Dhaeiaalaa ||3||	My mind is imbued with love for the Naam. The Immaculate Lord is merciful, from the beginning of time, and througout the ages. ||3||	ਜਿਨ੍ਹਾਂ ਦੇ ਮਨ ਦੀ ਪ੍ਰੀਤ ਪ੍ਰਭੂ ਦੇ ਨਾਮ ਵਿਚ ਬਣ ਜਾਂਦੀ ਹੈ ਉਹ ਉਸ ਪਰਮਾਤਮਾ ਦੇ ਪਿਆਰ ਵਿਚ (ਸਦਾ ਲਈ) ਰੰਗੇ ਜਾਂਦੇ ਹਨ ਜੋ ਸੁੱਧ-ਸਰੂਪ ਹੈ ਤੇ ਜੋ ਸਦਾ ਤੋਂ ਹੀ ਦਇਆ ਦਾ ਸੋਮਾ ਹੈ ॥੩॥
53004	1233	ਮੋਹਨਿ ਮੋਹਿ ਲੀਆ ਮਨੁ ਮੋਰਾ ਬਡੈਭਾਗ ਲਿਵ ਲਾਗੀ॥		Mohan Mohi Leeaa Man Moraa Baddai Bhaag Liv Laagee ||	My mind is fascinated with the Fascinating Lord. By great good fortune, I am lovingly attuned to Him.	ਮੇਰੇ ਚੰਗੇ ਭਾਗਾਂ (ਗੁਰੂ ਦੀ ਕਿਰਪਾ ਨਾਲ) ਮੇਰੀ ਲਿਵ (ਪ੍ਰਭੂ-ਚਰਨਾਂ ਵਿਚ) ਲੱਗ ਗਈ ਹੈ, ਮਨ ਨੂੰ ਮੋਹ ਲੈਣ ਵਾਲੇ ਪ੍ਰਭੂ ਨੇ ਮੇਰਾ ਮਨ (ਆਪਣੇ ਪ੍ਰੇਮ ਵਿਚ) ਮੋਹ ਲਿਆ ਹੈ।
53005	1233	ਸਾਚੁ ਬੀਚਾਰਿ ਕਿਲਵਿਖ ਦੁਖ ਕਾਟੇ ਮਨੁ ਨਿਰਮਲੁ ਅਨਰਾਗੀ॥੪॥		Saach Beechaar Kilavikh Dhukh Kaattae Man Niramal Anaraagee ||4||	Contemplating the True Lord, all the resides of sins and mistakes are wiped away. My mind is pure and immaculate in His Love. ||4||	ਸਦਾ-ਥਿਰ ਪ੍ਰਭੂ (ਦੇ ਗੁਣਾਂ) ਨੂੰ ਸੋਚ-ਮੰਡਲ ਵਿਚ ਲਿਆਉਣ ਕਰ ਕੇ ਮੇਰੇ ਸਾਰੇ ਪਾਪ-ਦੁੱਖ ਕੱਟੇ ਗਏ ਹਨ, ਮੇਰਾ ਮਨ ਪਵਿਤ੍ਰ ਹੋ ਗਿਆ ਹੈ, (ਪ੍ਰਭੂ-ਚਰਨਾਂ ਦਾ) ਪ੍ਰੇਮੀ ਹੋ ਗਿਆ ਹੈ ॥੪॥
53006	1233	ਗਹਿਰ ਗੰਭੀਰ ਸਾਗਰ ਰਤਨਾਗਰ ਅਵਰ ਨਹੀ ਅਨ ਪੂਜਾ॥		Gehir Ganbheer Saagar Rathanaagar Avar Nehee An Poojaa ||	God is the Deep and Unfathomable Ocean, the Source of all jewels; no other is worthy of worship.	ਮੈਂ ਕਿਸੇ ਹੋਰ ਦੀ ਪੂਜਾ ਨਹੀਂ ਕਰਦਾ, ਸਿਰਫ਼ ਉਸ ਨੂੰ ਪੂਜਦਾ ਹਾਂ ਜੋ ਬੜੇ ਡੂੰਘੇ ਤੇ ਵੱਡੇ ਜਿਗਰੇ ਵਾਲਾ ਹੈ, ਜੋ ਬੇਅੰਤ ਰਤਨਾਂ ਦੀ ਖਾਣ ਸਮੁੰਦਰ ਹੈ।

53007	1233	ਸਬਦੁ ਬੀਚਾਰਿ ਭਰਮ ਭਉ ਭੰਜਨੁ ਅਵਰੁ ਨ ਜਾਨਿਆ ਦੂਜਾ॥੫॥		Sabadh Beechaar Bharam Bho Bhanjan Avar N Jaaniaa Dhoojaa ||5||	I contemplate the Shabad, the Destroyer of doubt and fear; I do not know any other at all. ||5||	ਗੁਰੂ ਦੇ ਸ਼ਬਦ ਨੂੰ ਵਿਚਾਰ ਕੇ ਮੈਂ ਸਮਝ ਲਿਆ ਹੈ ਕਿ ਸਿਰਫ਼ ਪਰਮਾਤਮਾ ਹੀ ਡਰ-ਸਹਿਮ ਦਾ ਨਾਸ ਕਰਨ ਵਾਲਾ ਹੈ, ਕੋਈ ਹੋਰ (ਦੇਵੀ ਦੇਵਤਾ ਆਦਿਕ) ਦੂਜਾ ਨਹੀਂ ਹੈ ॥੫॥
53008	1233	ਮਨੂਆ ਮਾਰਿ ਨਿਰਮਲ ਪਦੁ ਚੀਨਿਆ ਹਰਿ ਰਸ ਰਤੇ ਅਧਿਕਾਈ॥		Manooaa Maar Niramal Padh Cheeniaa Har Ras Rathae Adhhikaaee ||	Subduing my mind, I have realized the pure status; I am totally imbued with the sublime essence of the Lord.	ਹੁਣ ਮੈਂ ਪ੍ਰਭੂ ਦੇ ਨਾਮ-ਰਸ ਵਿਚ ਬਹੁਤ ਰੰਗਿਆ ਗਿਆ ਹਾਂ, ਮਨ (ਵਿਚੋਂ ਵਿਕਾਰਾਂ ਦੀ ਅੰਸ) ਮਾਰ ਕੇ ਮੈਂ ਪਵਿਤ੍ਰ ਆਤਮਕ ਦਰਜੇ ਨਾਲ ਡੂੰਘੀ ਸਾਂਝ ਪਾ ਲਈ ਹੈ।
53009	1233	ਏਕਸ ਬਿਨੁ ਮੈ ਅਵਰੁ ਨ ਜਾਨਾਂ ਸਤਿਗੁਰਿ ਬੂਝ ਬੁਝਾਈ॥੬॥		Eaekas Bin Mai Avar N Jaanaan Sathigur Boojh Bujhaaee ||6||	I do not know any other except the Lord. The True Guru has imparted this understanding. ||6||	ਗੁਰੂ ਨੇ ਮੈਨੂੰ ਸਮਝ ਬਖ਼ਸ਼ ਦਿੱਤੀ ਹੈ, (ਹੁਣ) ਇਕ ਪਰਮਾਤਮਾ ਤੋਂ ਬਿਨਾ ਮੈਂ ਕਿਸੇ ਹੋਰ ਨੂੰ (ਉਸ ਵਰਗਾ) ਨਹੀਂ ਜਾਣਦਾ ॥੬॥
53010	1233	ਅਗਮ ਅਗੋਚਰੁ ਅਨਾਥੁ ਅਜੋਨੀ ਗੁਰਮਤਿ ਏਕੋ ਜਾਨਿਆ॥		Agam Agochar Anaathh Ajonee Guramath Eaeko Jaaniaa ||	God is Inaccessible and Unfathomable, Unmastered and Unborn; through the Guru's Teachings, I know the One Lord.	ਗੁਰੂ ਦੀ ਮੱਤ ਲੈ ਕੇ ਸਿਰਫ਼ ਉਸ ਪ੍ਰਭੂ ਨਾਲ ਹੀ ਡੂੰਘੀ ਸਾਂਝ ਪਾਈ ਹੈ ਜੋ ਅਪਹੁੰਚ ਹੈ, ਜਿਸ ਤਕ ਗਿਆਨ ਇੰਦ੍ਰਿਆਂ ਦੀ ਪਹੁੰਚ ਨਹੀਂ, ਜੋ ਆਪ ਹੀ ਆਪਣਾ ਖਸਮ-ਮਾਲਕ ਹੈ, ਅਤੇ ਜੋ ਜੂਨਾਂ ਵਿਚ ਨਹੀਂ ਆਉਂਦਾ।

53011	1233	ਸੁਭਰ ਭਰੇ ਨਾਹੀ ਚਿਤੁ ਡੋਲੈ ਮਨ ਹੀ ਤੇ ਮਨੁ ਮਾਨਿਆ॥੭॥	ਸੁੱਭਰ	Subhar Bharae Naahee Chith Ddolai Man Hee Thae Man Maaniaa ||7||	Filled to overflowing, my consciousness does not waver; through the Mind, my mind is pleased and appeased. ||7||	(ਇਸ ਸਾਂਝ ਦੀ ਬਰਕਤਿ ਨਾਲ) ਮੇਰੇ ਗਿਆਨ-ਇੰਦ੍ਰੇ (ਨਾਮ-ਰਸ ਨਾਲ) ਨਕਾ-ਨਕ ਭਰ ਗਏ ਹਨ, ਹੁਣ ਮੇਰਾ ਮਨ (ਮਾਇਆ ਵਾਲੇ ਪਾਸੇ) ਡੋਲਦਾ ਨਹੀਂ ਹੈ, ਆਪਣੇ ਅੰਦਰ ਹੀ ਟਿਕ ਗਿਆ ਹੈ ॥੭॥
53012	1233	ਗੁਰ ਪਰਸਾਦੀ ਅਕਥਉ ਕਥੀਐ ਕਹਉ ਕਹਾਵੈ ਸੋਈ॥	ਅ-ਕਥਉ: ਪੋਲਾ ਬੋਲੋ	Gur Parasaadhee Akathho Kathheeai Keho Kehaavai Soee ||	By Guru's Grace, I speak the Unspoken; I speak what He makes me speak.	ਪਰਮਾਤਮਾ ਦਾ ਸਰੂਪ ਬਿਆਨ ਤੋਂ ਪਰੇ ਹੈ। ਗੁਰੂ ਦੀ ਕਿਰਪਾ ਨਾਲ ਹੀ ਉਸ ਦਾ ਸਿਮਰਨ ਕੀਤਾ ਜਾ ਸਕਦਾ ਹੈ। ਮੈਂ ਤਦੋਂ ਹੀ ਉਸ ਦੀ ਸਿਫ਼ਤ-ਸਾਲਾਹ ਕਰ ਸਕਦਾ ਹਾਂ ਜਦੋਂ ਉਹ ਆਪ ਹੀ ਸਿਫ਼ਤ-ਸਾਲਾਹ ਕਰਾਂਦਾ ਹੈ।
53013	1233	ਨਾਨਕ ਦੀਨ ਦਇਆਲ ਹਮਾਰੇ ਅਵਰੁ ਨ ਜਾਨਿਆ ਕੋਈ॥੮॥੨॥		Naanak Dheen Dhaeiaal Hamaarae Avar N Jaaniaa Koee ||8||2||	O Nanak, my Lord is Merciful to the meek; I do not know any other at all. ||8||2||	ਹੇ ਨਾਨਕ! ਹੇ ਮੇਰੇ ਦੀਨ ਦਇਆਲ ਪ੍ਰਭੂ! ਮੈਨੂੰ ਤੇਰੇ ਵਰਗਾ ਹੋਰ ਕੋਈ ਨਹੀਂ ਦਿੱਸਦਾ, ਮੈਂ ਤੇਰੇ ਨਾਲ ਹੀ ਸਾਂਝ ਪਾਈ ਹੈ ॥੮॥੨॥
53014	1233	ਸਾਰਗ ਮਹਲਾ ੩ ਅਸਟਪਦੀਆ ਘਰੁ ੧	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Saarag Mehalaa 3 Asattapadheeaa Ghar 1	Saarang, Third Mehl, Ashtapadees, First House:	ਰਾਗ ਸਾਰੰਗ, ਘਰ ੧ ਵਿੱਚ ਗੁਰੂ ਅਮਰਦਾਸ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।

53015	1233	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
53016	1233	ਮਨ ਮੇਰੇ ਹਰਿ ਕੈ ਨਾਮਿ ਵਡਾਈ॥		Man Maerae Har Kai Naam Vaddaaee ||	O my mind, the Name of the Lord is glorious and great.	ਹੇ ਮੇਰੇ ਮਨ! ਪਰਮਾਤਮਾ ਦੇ ਨਾਮ ਵਿਚ (ਜੁੜਿਆਂ ਲੋਕ ਪਰਲੋਕ ਦੀ) ਇੱਜ਼ਤ ਮਿਲਦੀ ਹੈ।
53017	1233	ਹਰਿ ਬਿਨੁ ਅਵਰੁ ਨ ਜਾਣਾ ਕੋਈ ਹਰਿ ਕੈ ਨਾਮਿ ਮੁਕਤਿ ਗਤਿ ਪਾਈ॥੧॥ਰਹਾਉ॥		Har Bin Avar N Jaanaa Koee Har Kai Naam Mukath Gath Paaee ||1|| Rehaao ||	I know of none, other than the Lord; through the Lord's Name, I have attained liberation and emancipation. ||1||Pause||	ਪਰਮਾਤਮਾ ਦੇ ਨਾਮ ਤੋਂ ਬਿਨਾ ਮੈਂ ਕਿਸੇ ਹੋਰ ਨਾਲ ਡੂੰਘੀ ਸਾਂਝ ਨਹੀਂ ਪਾਂਦਾ। ਪ੍ਰਭੂ ਦੇ ਨਾਮ ਦੀ ਰਾਹੀਂ ਵਿਕਾਰਾਂ ਤੋਂ ਖ਼ਲਾਸੀ ਅਤੇ ਉੱਚੀ ਆਤਮਕ ਅਵਸਥਾ ਪ੍ਰਾਪਤ ਹੁੰਦੀ ਹੈ ॥੧॥ ਰਹਾਉ ॥
53018	1233	ਸਬਦਿ ਭਉ ਭੰਜਨੁ ਜਮਕਾਲ ਨਿਖੰਜਨੁ ਹਰਿ ਸੇਤੀ ਲਿਵ ਲਾਈ॥		Sabadh Bho Bhanjan Jamakaal Nikhanjan Har Saethee Liv Laaee ||	Through the Word of the Shabad, I am lovingly attuned to the Lord, the Destroyer of fear, the Destroyer of the Messenger of Death.	ਗੁਰੂ ਦੇ ਸ਼ਬਦ ਦੀ ਰਾਹੀਂ ਡਰ ਦੂਰ ਕਰਨ ਵਾਲਾ ਅਤੇ ਆਤਮਕ ਮੌਤ ਨਾਸ ਕਰਨ ਵਾਲਾ ਹਰੀ ਮਿਲ ਪੈਂਦਾ ਹੈ, ਪਰਮਾਤਮਾ ਨਾਲ ਲਗਨ ਲੱਗ ਜਾਂਦੀ ਹੈ।

53019	1233	ਹਰਿ ਸੁਖਦਾਤਾ ਗੁਰਮੁਖਿ ਜਾਤਾ ਸਹਜੇ ਰਹਿਆ ਸਮਾਈ॥੧॥		Har Sukhadhaathaa Guramukh Jaathaa Sehajae Rehiaa Samaaee ||1||	As Gurmukh, I have realized the Lord, the Giver of peace; I remain intuitively absorbed in Him. ||1||	ਗੁਰੂ ਦੀ ਸਰਨ ਪਿਆਂ ਸਾਰੇ ਸੁਖ ਦੇਣ ਵਾਲੇ ਹਰੀ ਨਾਲ ਸਾਂਝ ਬਣ ਜਾਂਦੀ ਹੈ, (ਗੁਰੂ ਦੀ ਸਰਨ ਪੈ ਕੇ ਮਨੁੱਖ) ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ॥੧॥
53020	1233	ਭਗਤਾਂ ਕਾ ਭੋਜਨੁ ਹਰਿ ਨਾਮ ਨਿਰੰਜਨੁ ਪੈਨ੍ਹਣੁ ਭਗਤਿ ਬਡਾਈ॥		Bhagathaan Kaa Bhojan Har Naam Niranjan Painhan Bhagath Baddaaee ||	The Immaculate Name of the Lord is the food of His devotees; they wear the glory of devotional worship.	ਨਿਰਲੇਪ ਹਰਿ-ਨਾਮ (ਹੀ) ਭਗਤ ਜਨਾਂ (ਦੇ ਆਤਮਾ) ਦੀ ਖ਼ੁਰਾਕ ਹੈ, ਪ੍ਰਭੂ ਦੀ ਭਗਤੀ ਉਹਨਾਂ ਵਾਸਤੇ ਪੁਸ਼ਾਕ ਹੈ ਤੇ ਇੱਜ਼ਤ ਹੈ।
53021	1233	ਨਿਜ ਘਰਿ ਵਾਸਾ ਸਦਾ ਹਰਿ ਸੇਵਨਿ ਹਰਿ ਦਰਿ ਸੋਭਾ ਪਾਈ॥੨॥		Nij Ghar Vaasaa Sadhaa Har Saevan Har Dhar Sobhaa Paaee ||2||	They abide in the home of their inner beings, and they serve the Lord forever; they are honored in the Court of the Lord. ||2||	ਜਿਹੜੇ ਮਨੁੱਖ ਸਦਾ ਪ੍ਰਭੂ ਦਾ ਸਿਮਰਨ ਕਰਦੇ ਹਨ, ਉਹ ਪ੍ਰਭੂ-ਚਰਨਾਂ ਵਿਚ ਟਿਕੇ ਰਹਿੰਦੇ ਹਨ, ਪਰਮਾਤਮਾ ਦੇ ਦਰ ਤੇ ਉਹਨਾਂ ਨੂੰ ਇੱਜ਼ਤ ਮਿਲਦੀ ਹੈ ॥੨॥
53022	1233	ਮਨਮੁਖ ਬੁਧਿ ਕਾਚੀ ਮਨੂਆ ਡੋਲੈ ਅਕਥੁ ਨ ਕਥੈ ਕਹਾਨੀ॥	ਅਕਥੁ: ਪੋਲਾ ਬੋਲੋ	Manamukh Budhh Kaachee Manooaa Ddolai Akathh N Kathhai Kehaanee ||	The intellect of the self-willed manmukh is false; his mind wavers and wobbles, and he cannot speak the Unspoken Speech.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੀ ਅਕਲ ਹੋਛੀ ਹੁੰਦੀ ਹੈ, ਉਸ ਦਾ ਮਨ (ਮਾਇਆ ਵਿਚ) ਡੋਲਦਾ ਰਹਿੰਦਾ ਹੈ, ਉਹ ਕਦੇ ਅਕੱਥ ਪ੍ਰਭੂ ਦੀ ਸਿਫ਼ਤ-ਸਾਲਾਹ ਨਹੀਂ ਕਰਦਾ।

53023	1233	ਗੁਰਮਤਿ ਨਿਹਚਲੁ ਹਰਿ ਮਨਿ ਵਸਿਆ ਅੰਮ੍ਰਿਤ ਸਾਚੀ ਬਾਨੀ॥੩॥		Guramath Nihachal Har Man Vasiaa Anmrith Saachee Baanee ||3||	Following the Guru's Teachings, the Eternal Unchanging Lord abides within the mind; the True Word of His Bani is Ambrosial Nectar. ||3||	ਗੁਰੂ ਦੀ ਮੱਤ ਉੱਤੇ ਤੁਰਿਆਂ ਮਨੁੱਖ ਅਡੋਲ-ਚਿੱਤ ਹੋ ਜਾਂਦਾ ਹੈ, ਉਸ ਦੇ ਮਨ ਵਿਚ ਪਰਮਾਤਮਾ ਆ ਵੱਸਦਾ ਹੈ, ਉਸ ਦੇ ਮਨ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਵੱਸਦਾ ਹੈ, ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵੱਸਦੀ ਹੈ ॥੩॥
53024	1233	ਮਨ ਕੇ ਤਰੰਗ ਸਬਦਿ ਨਿਵਾਰੇ ਰਸਨਾ ਸਹਜਿ ਸੁਭਾਈ॥		Man Kae Tharang Sabadh Nivaarae Rasanaa Sehaj Subhaaee ||	The Shabad calms the turbulent waves of the mind; the tongue is intuively imbued with peace.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮਨ ਦੀਆਂ ਦੌੜਾਂ-ਭੱਜਾਂ ਦੂਰ ਕਰ ਲਈਦੀਆਂ ਹਨ, ਗੁਰ-ਸ਼ਬਦ ਦੀ ਰਾਹੀਂ ਮਨੁੱਖ ਦੀ ਜੀਭ ਆਤਮਕ ਅਡੋਲਤਾ ਵਿਚ ਟਿੱਕ ਜਾਂਦੀ ਹੈ (ਰਸਾਂ ਕਸਾਂ ਦੇ ਪਿੱਛੇ ਨਹੀਂ ਦੌੜਦੀ)।
53025	1233	ਸਤਿਗੁਰ ਮਿਲਿ ਰਹੀਐ ਸਦ ਅਪੁਨੇ ਜਿਨਿ ਹਰਿ ਸੇਤੀ ਲਿਵ ਲਾਈ॥੪॥		Sathigur Mil Reheeai Sadh Apunae Jin Har Saethee Liv Laaee ||4||	So remain united forever with your True Guru, who is lovingly attuned to the Lord. ||4||	ਆਪਣੇ ਗੁਰੂ (ਦੇ ਚਰਨਾਂ) ਵਿਚ ਜੁੜੇ ਰਹਿਣਾ ਚਾਹੀਦਾ ਹੈ, ਕਿਉਂਕਿ (ਉਸ) ਗੁਰੂ ਨੇ ਆਪਣੀ ਸੁਰਤ ਸਦਾ ਪਰਮਾਤਮਾ ਵਿਚ ਜੋੜ ਰੱਖੀ ਹੈ ॥੪॥

53026	1233	ਮਨੁ ਸਬਦਿ ਮਰੈ ਤਾ ਮੁਕਤੋ ਹੋਵੈ ਹਰਿ ਚਰਣੀ ਚਿਤੁ ਲਾਈ॥		Man Sabadh Marai Thaa Mukatho Hovai Har Charanee Chith Laaee ||	If the mortal dies in the Shabad, then he is liberated; he focuses his consciousness on the Lord's Feet.	(ਜਦੋਂ ਕਿਸੇ ਮਨੁੱਖ ਦਾ) ਮਨ ਗੁਰੂ ਦੇ ਸ਼ਬਦ ਦੀ ਰਾਹੀਂ ਆਪਾ-ਭਾਵ ਦੂਰ ਕਰਦਾ ਹੈ, ਤਦੋਂ (ਉਹ ਮਨੁੱਖ) ਪ੍ਰਭੂ ਦੇ ਚਰਨਾਂ ਵਿਚ ਚਿੱਤ ਜੋੜ ਕੇ ਵਿਕਾਰਾਂ ਦੇ ਪੰਜੇ ਵਿਚੋਂ ਨਿਕਲ ਜਾਂਦਾ ਹੈ।
53027	1233	ਹਰਿ ਸਰੁ ਸਾਗਰੁ ਸਦਾ ਜਲੁ ਨਿਰਮਲੁ ਨਾਵੈ ਸਹਜਿ ਸੁਭਾਈ॥੫॥	ਨ੍ਹਾਵੈ	Har Sar Saagar Sadhaa Jal Niramal Naavai Sehaj Subhaaee ||5||	The Lord is an Ocean; His Water is Forever Pure. Whoever bathes in it is intuitively imbued with peace. ||5||	ਪਰਮਾਤਮਾ (ਮਾਨੋ, ਐਸਾ) ਸਰੋਵਰ ਹੈ ਸਮੁੰਦਰ ਹੈ (ਜਿਸ ਦਾ) ਜਲ ਪਵਿੱਤਰ ਰਹਿੰਦਾ ਹੈ, (ਜਿਹੜਾ ਮਨੁੱਖ ਇਸ ਵਿਚ) ਇਸ਼ਨਾਨ ਕਰਦਾ ਹੈ, ਉਹ ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਲੀਨ ਰਹਿੰਦਾ ਹੈ ॥੫॥
53028	1233	ਸਬਦੁ ਵੀਚਾਰਿ ਸਦਾ ਰੰਗਿ ਰਾਤੇ ਹਉਮੈ ਤ੍ਰਿਸਨਾ ਮਾਰੀ॥		Sabadh Veechaar Sadhaa Rang Raathae Houmai Thrisanaa Maaree ||	Those who contemplate the Shabad are forever imbued with His Love; their egotism and desires are subdued.	ਜਿਹੜੇ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਮਨ ਵਿਚ ਵਸਾ ਕੇ (ਤੇ, ਸ਼ਬਦ ਦੀ ਬਰਕਤਿ ਨਾਲ ਆਪਣੇ ਅੰਦਰੋਂ) ਹਉਮੈ ਅਤੇ ਤ੍ਰਿਸ਼ਨਾ ਨੂੰ ਮੁਕਾ ਕੇ ਸਦਾ (ਪ੍ਰਭੂ ਦੇ) ਪਿਆਰ-ਰੰਗ ਵਿਚ ਰੰਗੇ ਰਹਿੰਦੇ ਹਨ,
53029	1233	ਅੰਤਰਿ ਨਿਹਕੇਵਲੁ ਹਰਿ ਰਵਿਆ ਸਭੁ ਆਤਮ ਰਾਮੁ ਮੁਰਾਰੀ॥੬॥		Anthar Nihakaeval Har Raviaa Sabh Aatham Raam Muraaree ||6||	The Pure, Unattached Lord permeates their inner beings; the Lord, the Supreme Soul, is pervading all. ||6||	ਉਹਨਾਂ ਦੇ ਅੰਦਰ ਸੁੱਧ-ਸਰੂਪ ਹਰੀ ਆ ਵੱਸਦਾ ਹੈ, (ਉਹਨਾਂ ਨੂੰ) ਹਰ ਥਾਂ ਪਰਮਾਤਮਾ ਹੀ ਦਿੱਸਦਾ ਹੈ ॥੬॥

53030	1233	ਸੇਵਕ ਸੇਵਿ ਰਹੇ ਸਚਿ ਰਾਤੇ ਜੋ ਤੇਰੈ ਮਨਿ ਭਾਣੇ॥		Saevak Saev Rehae Sach Raathae Jo Thaerai Man Bhaanae ||	Your humble servants serve You, O Lord; those who are imbued with the Truth are pleasing to Your Mind.	ਪਰ, ਹੇ ਪ੍ਰਭੂ! ਉਹੀ ਸੇਵਕ ਤੇਰੀ ਸੇਵਾ-ਭਗਤੀ ਕਰਦੇ ਹਨ ਅਤੇ ਤੇਰੇ ਸਦਾ-ਥਿਰ ਨਾਮ ਵਿਚ ਰੰਗੇ ਰਹਿੰਦੇ ਹਨ, ਜਿਹੜੇ ਤੇਰੇ ਮਨ ਵਿਚ ਪਿਆਰੇ ਲੱਗਦੇ ਹਨ।
53031	1233	ਦੁਬਿਧਾ ਮਹਲੁ ਨ ਪਾਵੈ ਜਗਿ ਝੂਠੀ ਗੁਣ ਅਵਗਣ ਨ ਪਛਾਣੇ॥੭॥		Dhubidhhaa Mehal N Paavai Jag Jhoothee Gun Avagan N Pashhaanae ||7||	Those who are involved in duality do not find the Mansion of the Lord's Presence; caught in the false nature of the world, they do not discriminate between merits and demerits. ||7||	ਮੇਰ-ਤੇਰ ਵਿਚ ਫਸੀ ਹੋਈ ਜੀਵ-ਇਸਤ੍ਰੀ ਪਰਮਾਤਮਾ ਦੇ ਚਰਨਾਂ ਵਿਚ ਥਾਂ ਨਹੀਂ ਲੈ ਸਕਦੀ, ਉਹ ਦੁਨੀਆ ਵਿਚ ਭੀ ਆਪਣਾ ਇਤਬਾਰ ਗਵਾਈ ਰੱਖਦੀ ਹੈ, ਉਹ ਇਹ ਨਹੀਂ ਪਛਾਣ ਸਕਦੀ ਕਿ ਜੋ ਕੁਝ ਮੈਂ ਕਰ ਰਹੀ ਹਾਂ ਇਹ ਚੰਗਾ ਹੈ ਜਾਂ ਮਾੜਾ ॥੭॥
53032	1233	ਆਪੇ ਮੇਲਿ ਲਏ ਅਕਥੁ ਕਥੀਐ ਸਚੁ ਸਬਦੁ ਸਚੁ ਬਾਣੀ॥	ਅ-ਕਥੁ: ਪੋਲਾ ਬੋਲੋ	Aapae Mael Leae Akathh Kathheeai Sach Sabadh Sach Baanee ||	When the Lord merges us into Himself, we speak the Unspoken Speech; True is the Shabad, and True is the Word of His Bani.	ਜਦੋਂ ਪ੍ਰਭੂ ਆਪ ਹੀ ਆਪਣੇ ਚਰਨਾਂ ਵਿਚ ਜੋੜੇ, ਤਦੋਂ ਹੀ ਉਸ ਅਕੱਥ ਪ੍ਰਭੂ ਦੀ ਸਿਫ਼ਤ-ਸਾਲਾਹ ਕੀਤੀ ਜਾ ਸਕਦੀ ਹੈ, ਤਦੋਂ ਹੀ ਉਸ ਦਾ ਸਦਾ-ਥਿਰ ਸ਼ਬਦ ਉਸ ਦੀ ਸਦਾ-ਥਿਰ ਬਾਣੀ ਦਾ ਉਚਾਰਨ ਕੀਤਾ ਜਾ ਸਕਦਾ ਹੈ।

53033	1233	ਨਾਨਕ ਸਾਚੇ ਸਚਿ ਸਮਾਣੇ ਹਰਿ ਕਾ ਨਾਮੁ ਵਖਾਣੀ॥੮॥੧॥		Naanak Saachae Sach Samaanae Har Kaa Naam Vakhaanee ||8||1||	O Nanak, the true people are absorbed in the Truth; they chant the Name of the Lord. ||8||1||	ਹੇ ਨਾਨਕ! (ਜਿਨ੍ਹਾਂ ਨੂੰ ਪ੍ਰਭੂ ਆਪ ਆਪਣੇ ਚਰਨਾਂ ਵਿਚ ਜੋੜਦਾ ਹੈ; ਉਹ ਮਨੁੱਖ) ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਸਦਾ ਹੀ ਉਸ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦੇ ਹਨ ॥੮॥੧॥
53034	1233	ਸਾਰਗ ਮਹਲਾ ੩॥		Saarag Mehalaa 3 ||	Saarang, Third Mehl:	
53035	1233	ਮਨ ਮੇਰੇ ਹਰਿ ਕਾ ਨਾਮੁ ਅਤਿ ਮੀਠਾ॥		Man Maerae Har Kaa Naam Ath Meethaa ||	O my mind, the Name of the Lord is supremely sweet.	ਹੇ ਮੇਰੇ ਮਨ! (ਜਿਸ ਮਨੁੱਖ ਨੂੰ) ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਬਹੁਤ ਪਿਆਰਾ ਲੱਗਣ ਲੱਗ ਪੈਂਦਾ ਹੈ,
53036	1234	ਜਨਮ ਜਨਮ ਕੇ ਕਿਲਵਿਖ ਭਉ ਭੰਜਨ ਗੁਰਮੁਖਿ ਏਕੋ ਡੀਠਾ॥੧॥ਰਹਾਉ॥		Janam Janam Kae Kilavikh Bho Bhanjan Guramukh Eaeko Ddeethaa ||1|| Rehaao ||	It is the Destroyer of the sins, the guilt and fears of countless incarnations; the Gurmukh sees the One Lord. ||1||Pause||	ਉਹ ਮਨੁੱਖ ਅਨੇਕਾਂ ਜਨਮਾਂ ਦੇ ਪਾਪ ਅਤੇ ਡਰ ਨਾਸ ਕਰਨ ਵਾਲੇ ਪ੍ਰਭੂ ਨੂੰ ਹੀ (ਹਰ ਥਾਂ) ਵੇਖਦਾ ਹੈ ॥੧॥ ਰਹਾਉ ॥
53037	1234	ਕੋਟਿ ਕੋਟੰਤਰ ਕੇ ਪਾਪ ਬਿਨਾਸਨ ਹਰਿ ਸਾਚਾ ਮਨਿ ਭਾਇਆ॥		Kott Kottanthar Kae Paap Binaasan Har Saachaa Man Bhaaeiaa ||	Millions upon millions of sins are erased, when the mind comes to love the True Lord.	ਉਸ ਨੂੰ ਕ੍ਰੋੜਾਂ ਜਨਮਾਂ ਦੇ ਪਾਪ ਨਾਸ ਕਰਨ ਵਾਲਾ ਸਦਾ-ਥਿਰ ਪ੍ਰਭੂ ਹੀ (ਆਪਣੇ) ਮਨ ਵਿਚ ਪਿਆਰਾ ਲੱਗਦਾ ਹੈ।

53038	1234	ਹਰਿ ਬਿਨੁ ਅਵਰੁ ਨ ਸੂਝੈ ਦੂਜਾ ਸਤਿਗੁਰਿ ਏਕੁ ਬੁਝਾਇਆ॥੧॥	ਬੁੱਝਾਇਆ	Har Bin Avar N Soojhai Dhoojaa Sathigur Eaek Bujhaaeiaa ||1||	I do not know any other, except the Lord; the True Guru has revealed the One Lord to me. ||1||	(ਜਿਸ ਮਨੁੱਖ ਨੂੰ) ਸਤਿਗੁਰੂ ਨੇ ਇਕ ਪਰਮਾਤਮਾ ਦੀ ਸਮਝ ਬਖ਼ਸ਼ ਦਿੱਤੀ, ਉਸ ਨੂੰ ਪਰਮਾਤਮਾ ਤੋਂ ਬਿਨਾ ਕੋਈ ਹੋਰ ਦੂਜਾ (ਕਿਤੇ ਵੱਸਦਾ) ਨਹੀਂ ਸੁੱਝਦਾ ॥੧॥
53039	1234	ਪ੍ਰੇਮ ਪਦਾਰਥੁ ਜਿਨ ਘਟਿ ਵਸਿਆ ਸਹਜੇ ਰਹੇ ਸਮਾਈ॥		Praem Padhaarathh Jin Ghatt Vasiaa Sehajae Rehae Samaaee ||	Those whose hearts are filled with the wealth of the Lord's Love, remain intuitively absorbed in Him.	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ (ਪ੍ਰਭੂ ਦਾ) ਅਮੋਲਕ ਪ੍ਰੇਮ ਆ ਵੱਸਦਾ ਹੈ, ਉਹ ਸਦਾ ਆਤਮਕ ਅਡੋਲਤਾ ਵਿਚ ਟਿੱਕੇ ਰਹਿੰਦੇ ਹਨ।
53040	1234	ਸਬਦਿ ਰਤੇ ਸੇ ਰੰਗਿ ਚਲੂਲੇ ਰਾਤੇ ਸਹਜਿ ਸੁਭਾਈ॥੨॥		Sabadh Rathae Sae Rang Chaloolae Raathae Sehaj Subhaaee ||2||	Imbued with the Shabad, they are dyed in the deep crimson color of His Love. They are imbued with the Lord's celestial peace and poise. ||2||	ਗੁਰੂ ਦੇ ਸ਼ਬਦ-ਰੰਗ ਵਿਚ ਗੂੜ੍ਹੇ ਰੰਗੇ ਹੋਏ ਉਹ ਮਨੁੱਖ ਆਤਮਕ ਅਡੋਲਤਾ ਅਤੇ ਪ੍ਰੇਮ ਵਿਚ ਰੰਗੇ ਰਹਿੰਦੇ ਹਨ ॥੨॥
53041	1234	ਰਸਨਾ ਸਬਦੁ ਵੀਚਾਰਿ ਰਸਿ ਰਾਤੀ ਲਾਲ ਭਈ ਰੰਗੁ ਲਾਈ॥		Rasanaa Sabadh Veechaar Ras Raathee Laal Bhee Rang Laaee ||	Contemplating the Shabad, the tongue is imbued with joy; embracing His Love, it is dyed a deep crimson.	ਗੁਰੂ ਦਾ ਸ਼ਬਦ ਮਨ ਵਿਚ ਵਸਾ ਕੇ ਜਿਸ ਮਨੁੱਖ ਦੀ ਜੀਭ ਨਾਮ ਦੇ ਸੁਆਦ ਵਿਚ ਗਿੱਝ ਜਾਂਦੀ ਹੈ, ਨਾਮ-ਰੰਗ ਲਾ ਕੇ ਗੂੜ੍ਹੀ ਰੰਗੀ ਜਾਂਦੀ ਹੈ,

53042	1234	ਰਾਮ ਨਾਮੁ ਨਿਹਕੇਵਲੁ ਜਾਣਿਆ ਮਨੁ ਤ੍ਰਿਪਤਿਆ ਸਾਂਤਿ ਆਈ॥੩॥		Raam Naam Nihakaeval Jaaniaa Man Thripathiaa Saanth Aaee ||3||	I have come to know the Name of the Pure Detached Lord; my mind is satisfied and comforted. ||3||	ਉਹ ਮਨੁੱਖ ਸੁੱਧ-ਸਰੂਪ ਹਰੀ ਦੇ ਨਾਮ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ, ਉਸ ਦਾ ਮਨ (ਮਾਇਆ ਵੱਲੋਂ) ਰੱਜ ਜਾਂਦਾ ਹੈ, ਉਸ ਦੇ ਅੰਦਰ ਸ਼ਾਂਤੀ ਪੈਦਾ ਹੋ ਜਾਂਦੀ ਹੈ ॥੩॥
53043	1234	ਪੰਡਿਤ ਪੜਿ ਪੜਿ ਮੋਨੀ ਸਭਿ ਥਾਕੇ ਭ੍ਰਮਿ ਭੇਖ ਥਕੇ ਭੇਖਧਾਰੀ॥		Panddith Parrih Parrih Monee Sabh Thhaakae Bhram Bhaekh Thhakae Bhaekhadhhaaree ||	The Pandits, the religious scholars, read and study, and all the silent sages have grown weary; they have grown weary of wearing their religious robes and wandering all around.	ਪਰ, ਪੰਡਿਤ ਲੋਕ (ਵੇਦ ਆਦਿਕ ਧਰਮ-ਪੁਸਤਕਾਂ) ਪੜ੍ਹ ਪੜ੍ਹ ਕੇ ਥੱਕ ਜਾਂਦੇ ਹਨ, ਸਮਾਧੀਆਂ ਲਾਣ ਵਾਲੇ (ਸਮਾਧੀਆਂ ਲਾ ਲਾ ਕੇ) ਥੱਕ ਜਾਂਦੇ ਹਨ, ਭੇਖਧਾਰੀ ਮਨੁੱਖ ਧਾਰਮਿਕ ਭੇਖਾਂ ਵਿਚ ਹੀ ਭਟਕ ਭਟਕ ਕੇ ਥੱਕ ਜਾਂਦੇ ਹਨ (ਉਹਨਾਂ ਨੂੰ ਹਰਿ-ਨਾਮ ਦੀ ਦਾਤ ਪ੍ਰਾਪਤੀ ਨਹੀਂ ਹੁੰਦੀ)।
53044	1234	ਗੁਰ ਪਰਸਾਦਿ ਨਿਰੰਜਨੁ ਪਾਇਆ ਸਾਚੈ ਸਬਦਿ ਵੀਚਾਰੀ॥੪॥		Gur Parasaadh Niranjan Paaeiaa Saachai Sabadh Veechaaree ||4||	By Guru's Grace, I have found the Immaculate Lord; I contemplate the True Word of the Shabad. ||4||	ਜਿਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ ਸਦਾ-ਥਿਰ ਪ੍ਰਭੂ ਦੇ ਸ਼ਬਦ ਵਿਚ ਸੁਰਤ ਜੋੜਦਾ ਹੈ ਉਹ ਮਨੁੱਖ ਨਿਰਲੇਪ ਪ੍ਰਭੂ ਦਾ ਮਿਲਾਪ ਹਾਸਲ ਕਰ ਲੈਂਦਾ ਹੈ ॥੪॥

53045	1234	ਆਵਾ ਗਉਣੁ ਨਿਵਾਰਿ ਸਚਿ ਰਾਤੇ ਸਾਚ ਸਬਦੁ ਮਨਿ ਭਾਇਆ॥		Aavaa Goun Nivaar Sach Raathae Saach Sabadh Man Bhaaeiaa ||	My coming and going in reincarnation is ended, and I am imbued with Truth; the True Word of the Shabad is pleasing to my mind.	ਜਿਨ੍ਹਾਂ ਮਨੁੱਖਾਂ ਨੂੰ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲਾ ਗੁਰ-ਸ਼ਬਦ ਮਨ ਵਿਚ ਪਿਆਰਾ ਲਗਦਾ ਹੈ, ਉਹ (ਗੁਰ-ਸ਼ਬਦ ਦੀ ਬਰਕਤਿ ਨਾਲ) ਜਨਮ ਮਰਨ ਦਾ ਗੇੜ ਮਿਟਾ ਕੇ ਸਦਾ-ਥਿਰ ਪ੍ਰਭੂ (ਦੇ ਨਾਮ-ਰੰਗ) ਵਿਚ ਰੰਗੇ ਰਹਿੰਦੇ ਹਨ।
53046	1234	ਸਤਿਗੁਰੁ ਸੇਵਿ ਸਦਾ ਸੁਖੁ ਪਾਈਐ ਜਿਨਿ ਵਿਚਹੁ ਆਪੁ ਗਵਾਇਆ॥੫॥		Sathigur Saev Sadhaa Sukh Paaeeai Jin Vichahu Aap Gavaaeiaa ||5||	Serving the True Guru, eternal peace is found, and self-conceit is eliminated from within. ||5||	ਜਿਸ (ਗੁਰੂ) ਨੇ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕੀਤਾ ਹੋਇਆ ਹੈ, ਉਸ ਗੁਰੂ ਦੀ ਸਰਨ ਪੈ ਕੇ (ਹੀ) ਸਦਾ ਆਤਮਕ ਆਨੰਦ ਮਾਣੀਦਾ ਹੈ ॥੫॥
53047	1234	ਸਾਚੈ ਸਬਦਿ ਸਹਜ ਧੁਨਿ ਉਪਜੈ ਮਨਿ ਸਾਚੈ ਲਿਵ ਲਾਈ॥		Saachai Sabadh Sehaj Dhhun Oupajai Man Saachai Liv Laaee ||	Through the True Word of the Shabad, the celestial melody wells up, and the mind is lovingly focused on the True Lord.	ਜਿਹੜਾ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ (ਜੁੜ ਕੇ) ਆਪਣੇ ਮਨ ਦੀ ਰਾਹੀਂ ਸਦਾ-ਥਿਰ ਪ੍ਰਭੂ ਵਿਚ ਸੁਰਤ ਜੋੜੀ ਰਖਦਾ ਹੈ, (ਉਸ ਦੇ ਅੰਦਰ) ਆਤਮਕ ਅਡੋਲਤਾ ਦੀ ਰੌ ਪੈਦਾ ਹੋ ਜਾਂਦੀ ਹੈ।

53048	1234	ਅਗਮ ਅਗੋਚਰੁ ਨਾਮੁ ਨਿਰੰਜਨੁ ਗੁਰਮੁਖਿ ਮੰਨਿ ਵਸਾਈ॥੬॥		Agam Agochar Naam Niranjan Guramukh Mann Vasaaee ||6||	The Immaculate Naam, the Name of the Inaccessible and Unfathomable Lord, abides in the mind of the Gurmukh. ||6||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਹੀ) ਅਪਹੁੰਚ ਅਗੋਚਰ ਅਤੇ ਨਿਰਲੇਪ ਪ੍ਰਭੂ ਦਾ ਨਾਮ ਆਪਣੇ ਮਨ ਵਿਚ ਵਸਾਂਦਾ ਹੈ ॥੬॥
53049	1234	ਏਕਸ ਮਹਿ ਸਭੁ ਜਗਤੋ ਵਰਤੈ ਵਿਰਲਾ ਏਕੁ ਪਛਾਣੈ॥		Eaekas Mehi Sabh Jagatho Varathai Viralaa Eaek Pashhaanai ||	The whole world is contained in the One Lord. How rare are those who understand the One Lord.	(ਗੁਰੂ ਦੇ ਸਨਮੁਖ ਰਹਿਣ ਵਾਲਾ ਹੀ) ਕੋਈ ਵਿਰਲਾ ਮਨੁੱਖ ਇਕ ਪਰਮਾਤਮਾ ਨਾਲ ਸਾਂਝ ਪਾਂਦਾ ਹੈ (ਤੇ, ਇਹ ਸਮਝਦਾ ਹੈ ਕਿ) ਸਾਰਾ ਸੰਸਾਰ ਇਕ ਪਰਮਾਤਮਾ (ਦੇ ਹੁਕਮ) ਵਿਚ ਹੀ ਕਾਰ ਚਲਾ ਰਿਹਾ ਹੈ।
53050	1234	ਸਬਦਿ ਮਰੈ ਤਾ ਸਭੁ ਕਿਛੁ ਸੂਝੈ ਅਨ ਦਿਨੁ ਏਕੋ ਜਾਣੈ॥੭॥		Sabadh Marai Thaa Sabh Kishh Soojhai Anadhin Eaeko Jaanai ||7||	One who dies in the Shabad comes to know everything; night and day, he realizes the One Lord. ||7||	ਜਦੋਂ ਕੋਈ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰਦਾ ਹੈ, ਤਦੋਂ ਉਸ ਨੂੰ (ਇਹ) ਸਾਰੀ ਸੂਝ ਆ ਜਾਂਦੀ ਹੈ, ਤਦੋਂ ਉਹ ਹਰ ਵੇਲੇ ਸਿਰਫ਼ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਰੱਖਦਾ ਹੈ ॥੭॥
53051	1234	ਜਿਸ ਨੋ ਨਦਰਿ ਕਰੇ ਸੋਈ ਜਨੁ ਬੂਝੈ ਹੋਰੁ ਕਹਣਾ ਕਥਨੁ ਨ ਜਾਈ॥		Jis No Nadhar Karae Soee Jan Boojhai Hor Kehanaa Kathhan N Jaaee ||	That humble being, upon whom the Lord casts His Glance of Grace, understands. Nothing else can be said.	ਜਿਸ ਮਨੁੱਖ ਉਤੇ ਪਰਮਾਤਮਾ ਮਿਹਰ ਦੀ ਨਿਗਾਹ ਕਰਦਾ ਹੈ, ਉਹੀ (ਜੀਵਨ ਦਾ ਸਹੀ ਰਸਤਾ) ਸਮਝਦਾ ਹੈ (ਪ੍ਰਭੂ ਦੀ ਮਿਹਰ ਤੋਂ ਬਿਨਾ ਕੋਈ) ਹੋਰ (ਰਸਤਾ) ਦੱਸਿਆ ਨਹੀਂ ਜਾ ਸਕਦਾ।

53052	1234	ਨਾਨਕ ਨਾਮਿ ਰਤੇ ਸਦਾ ਬੈਰਾਗੀ ਏਕ ਸਬਦਿ ਲਿਵ ਲਾਈ॥੮॥੨॥		Naanak Naam Rathae Sadhaa Bairaagee Eaek Sabadh Liv Laaee ||8||2||	O Nanak, those who are imbued with the Naam are forever detached from the world; they are lovingly attuned to the One Word of the Shabad. ||8||2||	ਹੇ ਨਾਨਕ! (ਹਰੀ ਦੀ ਕਿਰਪਾ ਨਾਲ ਹੀ) ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੇ ਗੁਰ-ਸ਼ਬਦ ਵਿਚ ਸੁਰਤ ਜੋੜ ਕੇ ਹਰਿ-ਨਾਮ ਵਿਚ ਮਗਨ ਰਹਿਣ ਵਾਲੇ ਮਨੁੱਖ (ਦੁਨੀਆ ਦੇ ਮੋਹ ਵਲੋਂ) ਸਦਾ ਨਿਰਲੇਪ ਰਹਿੰਦੇ ਹਨ ॥੮॥੨॥
53053	1234	ਸਾਰਗ ਮਹਲਾ ੩॥		Saarag Mehalaa 3 ||	Saarang, Third Mehl:	
53054	1234	ਮਨ ਮੇਰੇ ਹਰਿ ਕੀ ਅਕਥ ਕਹਾਣੀ॥	ਅ-ਕਥ: ਪੋਲਾ ਬੋਲੋ	Man Maerae Har Kee Akathh Kehaanee ||	O my mind, the Speech of the Lord is unspoken.	ਹੇ ਮੇਰੇ ਮਨ! ਪ੍ਰਭੂ ਦੀ ਕਦੇ ਨਾਹ ਮੁੱਕ ਸਕਣ ਵਾਲੀ ਸਿਫ਼ਤ-ਸਾਲਾਹ (ਦੀ ਦਾਤਿ)
53055	1234	ਹਰਿ ਨਦਰਿ ਕਰੇ ਸੋਈ ਜਨੁ ਪਾਏ ਗੁਰਮੁਖਿ ਵਿਰਲੈ ਜਾਣੀ॥੧॥ਰਹਾਉ॥		Har Nadhar Karae Soee Jan Paaeae Guramukh Viralai Jaanee ||1|| Rehaao ||	That humble being who is blessed by the Lord's Glance of Grace, obtains it. How rare is that Gurmukh who understands. ||1||Pause||	ਉਹੀ ਮਨੁੱਖ ਹਾਸਲ ਕਰਦਾ ਹੈ, ਜਿਸ ਮਨੁੱਖ ਉੱਤੇ ਪਰਮਾਤਮਾ ਮਿਹਰ ਦੀ ਕਿਰਪਾ ਕਰਦਾ ਹੈ। ਗੁਰੂ ਦੇ ਸਨਮੁਖ ਰਹਿਣ ਵਾਲੇ ਕਿਸੇ ਵਿਰਲੇ ਮਨੁੱਖ ਨੇ (ਇਸ ਦੀ) ਕਦਰ ਸਮਝੀ ਹੈ ॥੧॥ ਰਹਾਉ ॥

53056	1234	ਹਰਿ ਗਹਿਰ ਗੰਭੀਰੁ ਗੁਣੀ ਗਹੀਰੁ ਗੁਰ ਕੈ ਸਬਦਿ ਪਛਾਨਿਆ॥		Har Gehir Ganbheer Gunee Geheer Gur Kai Sabadh Pashhaaniaa ||	The Lord is Deep, Profound and Unfathomable, the Ocean of Excellence; He is realized through the Word of the Guru's Shabad.	ਗੁਰੂ ਦੇ ਸ਼ਬਦ ਦੀ ਰਾਹੀਂ ਇਹ ਪਛਾਣ ਆਉਂਦੀ ਹੈ ਕਿ ਪਰਮਾਤਮਾ ਬੜੇ ਹੀ ਡੂੰਘੇ ਜਿਗਰੇ ਵਾਲਾ ਹੈ ਤੇ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ।
53057	1234	ਬਹੁ ਬਿਧਿ ਕਰਮ ਕਰਹਿ ਭਾਇ ਦੂਜੈ ਬਿਨੁ ਸਬਦੈ ਬਉਰਾਨਿਆ॥੧॥		Bahu Bidhh Karam Karehi Bhaae Dhoojai Bin Sabadhai Bouraaniaa ||1||	Mortals do their deeds in all sorts of ways, in the love of duality; but without the Shabad, they are insane. ||1||	ਜਿਹੜੇ ਮਨੁੱਖ (ਪ੍ਰਭੂ ਤੋਂ ਬਿਨਾ) ਹੋਰ ਹੋਰ ਪਿਆਰ ਵਿਚ (ਟਿਕੇ ਰਹਿ ਕੇ) ਕਈ ਤਰੀਕਿਆਂ ਦੇ (ਮਿਥੇ ਹੋਏ ਧਾਰਮਿਕ) ਕਰਮ (ਭੀ) ਕਰਦੇ ਹਨ, ਉਹ ਮਨੁੱਖ ਗੁਰੂ ਦੇ ਸ਼ਬਦ ਤੋਂ ਬਿਨਾ ਝੱਲੇ ਹੀ ਰਹਿੰਦੇ ਹਨ ॥੧॥
53058	1234	ਹਰਿ ਨਾਮਿ ਨਾਵੈ ਸੋਈ ਜਨੁ ਨਿਰਮਲੁ ਫਿਰਿ ਮੈਲਾ ਮੂਲਿ ਨ ਹੋਈ॥	ਨ੍ਹਾਵੈ	Har Naam Naavai Soee Jan Niramal Fir Mailaa Mool N Hoee ||	That humble being who bathes in the Lord's Name becomes immaculate; he never becomes polluted again.	ਜਿਹੜਾ ਮਨੁੱਖ ਪਰਮਾਤਮਾ ਦੇ ਨਾਮ (-ਜਲ) ਵਿਚ (ਆਤਮਕ) ਇਸ਼ਨਾਨ ਕਰਦਾ ਰਹਿੰਦਾ ਹੈ, ਉਹੀ ਮਨੁੱਖ ਪਵਿੱਤਰ (ਜੀਵਨ ਵਾਲਾ) ਹੁੰਦਾ ਹੈ, ਉਹ ਮੁੜ ਕਦੇ ਭੀ (ਵਿਕਾਰਾਂ ਦੀ ਮੈਲ ਨਾਲ) ਮੈਲਾ ਨਹੀਂ ਹੁੰਦਾ।
53059	1234	ਨਾਮ ਬਿਨਾ ਸਭੁ ਜਗੁ ਹੈ ਮੈਲਾ ਦੂਜੈ ਭਰਮਿ ਪਤਿ ਖੋਈ॥੨॥		Naam Binaa Sabh Jag Hai Mailaa Dhoojai Bharam Path Khoee ||2||	Without the Name, the whole world is polluted; wandering in duality, it loses its honor. ||2||	ਪਰਮਾਤਮਾ ਦੇ ਨਾਮ ਤੋਂ ਬਿਨਾ ਸਾਰਾ ਜਗਤ (ਪਾਪਾਂ ਦੀ ਮੈਲ ਨਾਲ) ਲਿਬੜਿਆ ਰਹਿੰਦਾ ਹੈ, ਹੋਰ ਹੋਰ ਭਟਕਣਾ ਵਿਚ ਪੈ ਕੇ ਆਪਣੀ ਇੱਜ਼ਤ ਗੰਵਾ ਲੈਂਦਾ ਹੈ ॥੨॥

53060	1234	ਕਿਆ ਦ੍ਰਿੜਾਂ ਕਿਆ ਸੰਗ੍ਰਹਿ ਤਿਆਗੀ ਮੈ ਤਾ ਬੂਝ ਨ ਪਾਈ॥		Kiaa Dhrirraan Kiaa Sangrehi Thiaagee Mai Thaa Boojh N Paaee ||	What should I grasp? What should I gather up or leave behind? I do not know.	ਹੇ ਪ੍ਰਭੂ! ਮੈਂ ਕਿਹੜੀ ਗੱਲ ਆਪਣੇ ਮਨ ਵਿਚ ਪੱਕੀ ਕਰ ਲਵਾਂ; ਕਿਹੜੇ ਗੁਣ (ਹਿਰਦੇ ਵਿਚ) ਇਕੱਠੇ ਕਰ ਕੇ ਕਿਹੜੇ ਔਗੁਣ ਛੱਡ ਦਿਆਂ?-ਮੈਨੂੰ ਆਪਣੇ ਆਪ ਤਾਂ ਇਹ ਸਮਝ ਨਹੀਂ ਆ ਸਕਦੀ।
53061	1234	ਹੋਹਿ ਦਇਆਲੁ ਕ੍ਰਿਪਾ ਕਰਿ ਹਰਿ ਜੀਉ ਨਾਮੋ ਹੋਇ ਸਖਾਈ॥੩॥		Hohi Dhaeiaal Kirapaa Kar Har Jeeo Naamo Hoe Sakhaaee ||3||	O Dear Lord, Your Name is the Help and Support of those whom You bless with Your kindness and compassion. ||3||	ਹੇ ਪ੍ਰਭੂ ਜੀ! ਮਿਹਰ ਕਰ ਕੇ ਜੇ ਤੂੰ (ਆਪ ਮੇਰੇ ਉੱਤੇ) ਦਇਆਵਾਨ ਹੋ ਜਾਏਂ (ਤਾਂ ਹੀ ਮੈਨੂੰ ਸਮਝ ਆਉਂਦੀ ਹੈ ਕਿ ਤੇਰਾ) ਨਾਮ ਹੀ ਅਸਲ ਸਾਥੀ ਬਣਦਾ ਹੈ ॥੩॥
53062	1234	ਸਚਾ ਸਚੁ ਦਾਤਾ ਕਰਮ ਬਿਧਾਤਾ ਜਿਸੁ ਭਾਵੈ ਤਿਸੁ ਨਾਇ ਲਾਏ॥		Sachaa Sach Dhaathaa Karam Bidhhaathaa Jis Bhaavai This Naae Laaeae ||	The True Lord is the True Giver, the Architect of Destiny; as He pleases, He links mortals to the Name.	ਜਿਹੜਾ ਪਰਮਾਤਮਾ ਸਦਾ ਹੀ ਕਾਇਮ ਰਹਿਣ ਵਾਲਾ ਹੈ, ਜੋ ਸਭ ਦਾਤਾਂ ਦੇਣ ਵਾਲਾ ਹੈ, ਜੋ (ਜੀਵਾਂ ਦੇ) ਕੀਤੇ ਕਰਮਾਂ ਅਨੁਸਾਰ (ਜੀਵਾਂ) ਨੂੰ ਜਨਮ ਦੇਣ ਵਾਲਾ ਹੈ, ਉਸ ਨੂੰ ਕਿਹੜਾ ਜੀਵ ਪਿਆਰਾ ਲੱਗਦਾ ਹੈ ਉਸ ਨੂੰ ਆਪਣੇ ਨਾਮ ਵਿਚ ਜੋੜਦਾ ਹੈ।
53063	1234	ਗੁਰੂ ਦੁਆਰੈ ਸੋਈ ਬੂਝੈ ਜਿਸ ਨੋ ਆਪਿ ਬੁਝਾਏ॥੪॥		Guroo Dhuaarai Soee Boojhai Jis No Aap Bujhaaeae ||4||	He alone comes to understand, who enters the Guru's Gate, whom the Lord Himself instructs. ||4||	ਗੁਰੂ ਦੇ ਦਰ ਤੇ ਆ ਕੇ ਉਹੀ ਮਨੁੱਖ (ਜੀਵਨ ਦਾ ਸਹੀ ਰਸਤਾ) ਸਮਝਦਾ ਹੈ ਜਿਸ ਨੂੰ ਪ੍ਰਭੂ ਆਪ ਸਮਝ ਬਖ਼ਸ਼ਦਾ ਹੈ ॥੪॥

53064	1234	ਦੇਖਿ ਬਿਸਮਾਦੁ ਇਹੁ ਮਨੁ ਨਹੀ ਚੇਤੇ ਆਵਾ ਗਉਣੁ ਸੰਸਾਰਾ॥		Dhaekh Bisamaadh Eihu Man Nehee Chaethae Aavaa Goun Sansaaraa ||	Even gazing upon the wonders of the Lord, this mind does not think of Him. The world comes and goes in reincarnation.	ਜਿਸ ਮਨੁੱਖ ਦਾ ਮਨ ਇਹ ਹੈਰਾਨ ਕਰਨ ਵਾਲਾ ਜਗਤ-ਤਮਾਸ਼ਾ ਵੇਖ ਕੇ ਪਰਮਾਤਮਾ ਨੂੰ ਯਾਦ ਨਹੀਂ ਕਰਦਾ, ਉਸ ਦੇ ਵਾਸਤੇ ਜਨਮ ਮਰਨ ਦਾ ਗੇੜ ਸੰਸਾਰ-ਚੱਕਰ ਬਣਿਆ ਰਹਿੰਦਾ ਹੈ।
53065	1234	ਸਤਿਗੁਰੁ ਸੇਵੇ ਸੋਈ ਬੂਝੈ ਪਾਏ ਮੋਖ ਦੁਆਰਾ॥੫॥		Sathigur Saevae Soee Boojhai Paaeae Mokh Dhuaaraa ||5||	Serving the True Guru, the mortal comes to understand, and finds the Door of Salvation. ||5||	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹੀ (ਜੀਵਨ ਦਾ ਸਹੀ ਰਸਤਾ) ਸਮਝਦਾ ਹੈ, ਉਹੀ ਵਿਕਾਰਾਂ ਤੋਂ ਖ਼ਲਾਸੀ ਦਾ ਰਸਤਾ ਲੱਭਦਾ ਹੈ ॥੫॥
53066	1234	ਜਿਨ੍ ਦਰੁ ਸੂਝੈ ਸੇ ਕਦੇ ਨ ਵਿਗਾੜਹਿ ਸਤਿਗੁਰਿ ਬੂਝ ਬੁਝਾਈ॥		Jinh Dhar Soojhai Sae Kadhae N Vigaarrehi Sathigur Boojh Bujhaaee ||	Those who understand the Lord's Court, never suffer separation from him. The True Guru has imparted this understanding.	ਜਿਨ੍ਹਾਂ ਮਨੁੱਖਾਂ ਨੂੰ ਗੁਰੂ ਨੇ (ਆਤਮਕ ਜੀਵਨ ਦੀ) ਸੂਝ ਬਖ਼ਸ਼ ਦਿੱਤੀ, ਤੇ, ਜਿਨ੍ਹਾਂ ਨੂੰ ਪਰਮਾਤਮਾ ਦਾ ਦਰਵਾਜ਼ਾ ਦਿੱਸ ਪਿਆ, ਉਹ ਕਦੇ ਭੀ (ਵਿਕਾਰਾਂ ਵਿਚ ਆਪਣਾ ਜੀਵਨ) ਖ਼ਰਾਬ ਨਹੀਂ ਕਰਦੇ।
53067	1234	ਸਚੁ ਸੰਜਮੁ ਕਰਣੀ ਕਿਰਤਿ ਕਮਾਵਹਿ ਆਵਣ ਜਾਣੁ ਰਹਾਈ॥੬॥		Sach Sanjam Karanee Kirath Kamaavehi Aavan Jaan Rehaaee ||6||	They practice truth, self-restraint and good deeds; their comings and goings are ended. ||6||	ਉਹ ਮਨੁੱਖ ਹਰਿ-ਨਾਮ ਸਿਮਰਨ ਅਤੇ ਵਿਕਾਰਾਂ ਤੋਂ ਬਚੇ ਰਹਿਣ ਦਾ ਜਤਨ ਆਦਿਕ ਕਰਤੱਬ ਕਰਦੇ ਰਹਿੰਦੇ ਹਨ, (ਇਸ ਤਰ੍ਹਾਂ ਉਹਨਾਂ ਦਾ) ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ ॥੬॥

53068	1234	ਸੇ ਦਰਿ ਸਾਚੈ ਸਾਚੁ ਕਮਾਵਹਿ ਜਿਨ ਗੁਰਮੁਖਿ ਸਾਚੁ ਅਧਾਰਾ॥		Sae Dhar Saachai Saach Kamaavehi Jin Guramukh Saach Adhhaaraa ||	In the Court of the True Lord, they practice Truth. The Gurmukhs take the Support of the True Lord.	ਜਿਨ੍ਹਾਂ ਮਨੁੱਖਾਂ ਨੂੰ ਗੁਰੂ ਦੀ ਰਾਹੀਂ ਸਦਾ-ਥਿਰ ਹਰਿ-ਨਾਮ ਆਸਰਾ ਮਿਲ ਜਾਂਦਾ ਹੈ, ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਦਰ ਤੇ (ਚਰਨਾਂ ਵਿਚ) ਟਿੱਕ ਕੇ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦੇ ਹਨ।
53069	1235	ਮਨਮੁਖ ਦੂਜੈ ਭਰਮਿ ਭੁਲਾਏ ਨਾ ਬੂਝਹਿ ਵੀਚਾਰਾ॥੭॥		Manamukh Dhoojai Bharam Bhulaaeae Naa Boojhehi Veechaaraa ||7||	The self-willed manmukhs wander, lost in doubt and duality. They do not know how to contemplate the Lord. ||7||	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਮਾਇਆ ਦੀ ਭਟਕਣਾ ਦੇ ਕਾਰਨ ਕੁਰਾਹੇ ਪਏ ਰਹਿੰਦੇ ਹਨ, ਉਹਨਾਂ ਨੂੰ (ਆਤਮਕ ਜੀਵਨ ਵਾਲੀ ਸਹੀ) ਵਿਚਾਰ ਨਹੀਂ ਸੁੱਝਦੀ ॥੭॥
53070	1235	ਆਪੇ ਗੁਰਮੁਖਿ ਆਪੇ ਦੇਵੈ ਆਪੇ ਕਰਿ ਕਰਿ ਵੇਖੈ॥		Aapae Guramukh Aapae Dhaevai Aapae Kar Kar Vaekhai ||	He Himself is the Gurmukh, and He Himself gives; He Himself creates and beholds.	ਪ੍ਰਭੂ ਆਪ ਹੀ (ਜੀਵ ਨੂੰ) ਗੁਰੂ ਦੀ ਸਰਨ ਪਾ ਕੇ ਆਪ ਹੀ (ਆਪਣੇ ਨਾਮ ਦੀ ਦਾਤਿ) ਦੇਂਦਾ ਹੈ, ਆਪ ਹੀ (ਇਹ ਸਾਰਾ ਤਮਾਸ਼ਾ) ਕਰ ਕਰ ਕੇ ਵੇਖਦਾ ਹੈ।
53071	1235	ਨਾਨਕ ਸੇ ਜਨ ਥਾਇ ਪਏ ਹੈ ਜਿਨ ਕੀ ਪਤਿ ਪਾਵੈ ਲੇਖੈ॥੮॥੩॥		Naanak Sae Jan Thhaae Peae Hai Jin Kee Path Paavai Laekhai ||8||3||	O Nanak, those humble beings are approved, whose honor the Lord Himself accepts. ||8||3||	ਹੇ ਨਾਨਕ! ਉਹ ਬੰਦੇ ਕਬੂਲ ਪੈਂਦੇ ਹਨ, ਜਿਨ੍ਹਾਂ ਦੀ ਇੱਜ਼ਤ ਆਪ ਹੀ ਰੱਖਦਾ ਹੈ ॥੮॥੩॥

53072	1235	ਸਾਰਗ ਮਹਲਾ ੫ ਅਸਟਪਦੀਆ ਘਰੁ ੧	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Saarag Mehalaa 5 Asattapadheeaa Ghar 1	Saarang, Fifth Mehl, Ashtapadees, First House:	ਰਾਗ ਸਾਰੰਗ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
53073	1235	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
53074	1235	ਗੁਸਾਈਂ ਪਰਤਾਪੁ ਤੁਹਾਰੋ ਡੀਠਾ॥		Gusaaeanaee Parathaap Thuhaaro Ddeethaa ||	O Lord of the World, I gaze upon Your wondrous glory.	ਹੇ ਜਗਤ ਦੇ ਖਸਮ! (ਮੈਂ) ਤੇਰੀ (ਅਜਬ) ਤਾਕਤ-ਸਮਰੱਥਾ ਵੇਖੀ ਹੈ।
53075	1235	ਕਰਨ ਕਰਾਵਨ ਉਪਾਇ ਸਮਾਵਨ ਸਗਲ ਛਤ੍ਰਪਤਿ ਬੀਠਾ॥੧॥ਰਹਾਉ॥		Karan Karaavan Oupaae Samaavan Sagal Shhathrapath Beethaa ||1|| Rehaao ||	You are the Doer, the Cause of causes, the Creator and Destroyer. You are the Sovereign Lord of all. ||1||Pause||	ਤੂੰ ਸਭ ਕੁਝ ਕਰਨ-ਜੋਗਾ ਹੈਂ, (ਜੀਵਾਂ ਪਾਸੋਂ) ਕਰਾ ਸਕਣ ਵਾਲਾ ਹੈਂ, ਤੂੰ (ਜਗਤ) ਪੈਦਾ ਕਰ ਕੇ ਫਿਰ ਇਸ ਨੂੰ ਆਪਣੇ ਆਪ ਵਿਚ ਲੀਨ ਕਰ ਲੈਣ ਵਾਲਾ ਹੈਂ। ਤੂੰ ਸਭ ਜੀਵਾਂ ਉਤੇ ਪਾਤਿਸ਼ਾਹ (ਬਣ ਕੇ) ਬੈਠਾ ਹੋਇਆ ਹੈਂ ॥੧॥ ਰਹਾਉ ॥
53076	1235	ਰਾਣਾ ਰਾਉ ਰਾਜ ਭਏ ਰੰਕਾ ਉਨਿ ਝੂਠੇ ਕਹਣੁ ਕਹਾਇਓ॥		Raanaa Raao Raaj Bheae Rankaa Oun Jhoothae Kehan Kehaaeiou ||	The rulers and nobles and kings shall become beggars. Their ostentatious shows are false	(ਪ੍ਰਭੂ ਦੀ ਰਜ਼ਾ ਅਨੁਸਾਰ) ਰਾਜੇ ਪਾਤਿਸ਼ਾਹ ਕੰਗਾਲ ਹੋ ਜਾਂਦੇ ਹਨ। ਉਹਨਾਂ ਰਾਜਿਆਂ ਨੇ ਤਾਂ ਆਪਣੇ ਆਪ ਨੂੰ ਝੂਠ ਹੀ ਰਾਜੇ ਅਖਵਾਇਆ।

53077	1235	ਹਮਰਾ ਰਾਜਨੁ ਸਦਾ ਸਲਾਮਤਿ ਤਾ ਕੋ ਸਗਲ ਘਟਾ ਜਸੁ ਗਾਇਓ॥੧॥		Hamaraa Raajan Sadhaa Salaamath Thaa Ko Sagal Ghattaa Jas Gaaeiou ||1||	. My Sovereign Lord King is eternally stable. His Praises are sung in every heart. ||1||	ਸਾਡਾ ਪ੍ਰਭੂ-ਪਾਤਿਸ਼ਾਹ ਸਦਾ ਕਾਇਮ ਰਹਿਣ ਵਾਲਾ ਹੈ। ਸਾਰੇ ਹੀ ਜੀਵਾਂ ਨੇ ਉਸ ਦਾ (ਸਦਾ) ਜਸ ਗਾਇਆ ਹੈ ॥੧॥
53078	1235	ਉਪਮਾ ਸੁਨਹੁ ਰਾਜਨ ਕੀ ਸੰਤਹੁ ਕਹਤ ਜੇਤ ਪਾਹੂਚਾ॥	(ਜੇਤ) ਜਿੰਨੀ। (ਪਾਹੂਚਾ) ਪਹੁੰਚ	Oupamaa Sunahu Raajan Kee Santhahu Kehath Jaeth Paahoochaa ||	Listen to the Praises of my Lord King, O Saints. I chant them as best I can.	ਹੇ ਸੰਤ ਜਨੋ! ਉਸ ਪ੍ਰਭੂ-ਪਾਤਿਸ਼ਾਹ ਦੀ ਵਡਿਆਈ ਸੁਣੋ। ਜਿਤਨੇ ਭੀ ਜੀਵ ਉਸ ਦੀ ਵਡਿਆਈ ਆਖਦੇ ਹਨ ਉਹ ਉਸ ਦੇ ਚਰਨਾਂ ਵਿਚ ਪਹੁੰਚਦੇ ਹਨ।
53079	1235	ਬੇਸੁਮਾਰ ਵਡ ਸਾਹ ਦਾਤਾਰਾ ਊਚੇ ਹੀ ਤੇ ਊਚਾ॥੨॥		Baesumaar Vadd Saah Dhaathaaraa Oochae Hee Thae Oochaa ||2||	My Lord King, the Great Giver, is Immeasurable. He is the Highest of the high. ||2||	ਉਸ ਦੀ ਤਾਕਤ ਦਾ ਅੰਦਾਜ਼ਾ ਨਹੀਂ ਲੱਗ ਸਕਦਾ, ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਵੱਡਾ ਸ਼ਾਹ ਹੈ, ਉਹ ਉੱਚਿਆਂ ਤੋਂ ਉੱਚਾ ਹੈ ॥੨॥
53080	1235	ਪਵਨਿ ਪਰੋਇਓ ਸਗਲ ਅਕਾਰਾ ਪਾਵਕ ਕਾਸਟ ਸੰਗੇ॥		Pavan Paroeiou Sagal Akaaraa Paavak Kaasatt Sangae ||	He has strung His Breath throughout the creation; He locked the fire in the wood.	ਸਾਰੇ ਸਰੀਰਾਂ ਨੂੰ ਸੁਆਸਾਂ ਦੀ ਹਵਾ ਨਾਲ ਪ੍ਰੋ ਕੇ ਰੱਖਿਆ ਹੋਇਆ ਹੈ, ਉਸ ਨੇ ਅੱਗ ਨੂੰ ਲੱਕੜ ਨਾਲ ਬੰਨ੍ਹ ਰੱਖਿਆ ਹੈ।

53081	1235	ਨੀਰੁ ਧਰਣਿ ਕਰਿ ਰਾਖੇ ਏਕਤ ਕੋਇ ਨ ਕਿਸ ਹੀ ਸੰਗੇ॥੩॥		Neer Dhharan Kar Raakhae Eaekath Koe N Kis Hee Sangae ||3||	He placed the water and the land together, but neither blends with the other. ||3||	ਉਸ ਨੇ ਪਾਣੀ ਤੇ ਧਰਤੀ ਇਕੱਠੇ ਰੱਖੇ ਹੋਏ ਹਨ। (ਇਹਨਾਂ ਵਿਚੋਂ) ਕੋਈ ਕਿਸੇ ਨਾਲ (ਵੈਰ ਨਹੀਂ ਕਰ ਸਕਦਾ। ਪਾਣੀ ਧਰਤੀ ਨੂੰ ਡੋਬਦਾ ਨਹੀਂ, ਅੱਗ ਕਾਠ ਨੂੰ ਸਾੜਦੀ ਨਹੀਂ) ॥੩॥
53082	1235	ਘਟਿ ਘਟਿ ਕਥਾ ਰਾਜਨ ਕੀ ਚਾਲੈ ਘਰਿ ਘਰਿ ਤੁਝਹਿ ਉਮਾਹਾ॥		Ghatt Ghatt Kathhaa Raajan Kee Chaalai Ghar Ghar Thujhehi Oumaahaa ||	In each and every heart, the Story of our Sovereign Lord is told; in each and every home, they yearn for Him.	ਉਸ ਪ੍ਰਭੂ-ਪਾਤਿਸ਼ਾਹ ਦੀ ਸਿਫ਼ਤ-ਸਾਲਾਹ ਦੀ ਕਹਾਣੀ ਹਰੇਕ ਸਰੀਰ ਵਿਚ ਹੋ ਰਹੀ ਹੈ। ਹੇ ਪ੍ਰਭੂ! ਹਰੇਕ ਹਿਰਦੇ ਵਿਚ ਤੇਰੇ ਮਿਲਾਪ ਲਈ ਹੀ ਉਤਸ਼ਾਹ ਹੈ।
53083	1235	ਜੀਅ ਜੰਤ ਸਭਿ ਪਾਛੈ ਕਰਿਆ ਪ੍ਰਥਮੇ ਰਿਜਕੁ ਸਮਾਹਾ॥੪॥		Jeea Janth Sabh Paashhai Kariaa Prathhamae Rijak Samaahaa ||4||	Afterwards, He created all beings and creatures; but first, He provided them with sustenance. ||4||	ਤੂੰ ਸਾਰੇ ਜੀਵਾਂ ਨੂੰ ਪਿੱਛੋਂ ਪੈਦਾ ਕਰਦਾ ਹੈਂ, ਪਹਿਲਾਂ ਉਹਨਾਂ ਲਈ ਰਿਜ਼ਕ ਅਪੜਾਂਦਾ ਹੈਂ ॥੪॥
53084	1235	ਜੋ ਕਿਛੁ ਕਰਣਾ ਸੁ ਆਪੇ ਕਰਣਾ ਮਸਲਤਿ ਕਾਹੂ ਦੀਨ੍ਹੀ॥		Jo Kishh Karanaa S Aapae Karanaa Masalath Kaahoo Dheenhee ||	Whatever He does, He does by Himself. Who has ever given Him advice?	ਮੈਂ ਇਹ ਅਟੱਲ ਸਬਕ ਸਿੱਖ ਲਿਆ ਹੈ (ਕਿ ਪਰਮਾਤਮਾ ਦਾ ਪਰਤਾਪ ਬੇਅੰਤ ਹੈ) ਜੋ ਕੁਝ ਉਹ ਕਰਦਾ ਹੈ ਉਹ ਆਪ ਹੀ ਕਰਦਾ ਹੈ, ਕਿਸੇ ਨੇ ਉਸ ਨੂੰ ਕਦੇ ਕੋਈ ਸਲਾਹ ਨਹੀਂ ਦਿੱਤੀ।

53085	1235	ਅਨਿਕ ਜਤਨ ਕਰਿ ਕਰਹ ਦਿਖਾਏ ਸਾਚੀ ਸਾਖੀ ਚੀਨ੍ਹੀ॥੫॥		Anik Jathan Kar Kareh Dhikhaaeae Saachee Saakhee Cheenhee ||5||	The mortals make all sorts of efforts and showy displays, but He is realized only through the Teachings of Truth. ||5||	ਅਸੀਂ ਜੀਵ ਭਾਵੇਂ (ਆਪਣੀ ਅਕਲ ਪਰਗਟ ਕਰਨ ਲਈ) ਵਿਖਾਵੇ ਦੇ ਅਨੇਕਾਂ ਜਤਨ ਕਰਦੇ ਹਾਂ ॥੫॥
53086	1235	ਹਰਿ ਭਗਤਾ ਕਰਿ ਰਾਖੇ ਅਪਨੇ ਦੀਨੀ ਨਾਮੁ ਵਡਾਈ॥	ਭਗਤਾਂ	Har Bhagathaa Kar Raakhae Apanae Dheenee Naam Vaddaaee ||	The Lord protects and saves His devotees; He blesses them with the glory of His Name.	(ਇਹ ਪਰਮਾਤਮਾ ਦਾ ਪਰਤਾਪ ਹੈ ਕਿ) ਪਰਮਾਤਮਾ ਆਪਣੇ ਭਗਤਾਂ ਨੂੰ ਆਪਣੇ ਬਣਾ ਕੇ ਰੱਖਿਆ ਕਰਦਾ ਹੈ, ਭਗਤਾਂ ਨੂੰ ਆਪਣਾ ਨਾਮ ਬਖ਼ਸ਼ਦਾ ਹੈ, ਵਡਿਆਈ ਦੇਂਦਾ ਹੈ।
53087	1235	ਜਿਨਿ ਜਿਨਿ ਕਰੀ ਅਵਗਿਆ ਜਨ ਕੀ ਤੇ ਤੈਂ ਦੀਏ ਰੁੜ੍ਹਾਈ॥੬॥	ਅਵੱਗਿਆ	Jin Jin Karee Avagiaa Jan Kee Thae Thain Dheeeae Rurrhaaee ||6||	Whoever is disrespectful to the humble servant of the Lord, shall be swept away and destroyed. ||6||	ਹੇ ਪ੍ਰਭੂ! ਜਿਸ ਜਿਸ ਨੇ ਕਦੇ ਤੇਰੇ ਭਗਤਾਂ ਦੀ ਨਿਰਾਦਰੀ ਕੀਤੀ, ਤੂੰ ਉਹਨਾਂ ਨੂੰ (ਵਿਕਾਰਾਂ ਦੇ ਸਮੁੰਦਰ ਵਿਚ) ਰੋੜ੍ਹ ਦਿੱਤਾ ॥੬॥
53088	1235	ਮੁਕਤਿ ਭਏ ਸਾਧਸੰਗਤਿ ਕਰਿ ਤਿਨ ਕੇ ਅਵਗਨ ਸਭਿ ਪਰਹਰਿਆ॥		Mukath Bheae Saadhhasangath Kar Thin Kae Avagan Sabh Parehariaa ||	Those who join the Saadh Sangat, the Company of the Holy, are liberated; all their demerits are taken away.	ਸਾਧ ਸੰਗਤ ਕਰ ਕੇ (ਵਿਕਾਰੀ ਭੀ) ਵਿਕਾਰਾਂ ਤੋਂ ਬਚ ਨਿਕਲੇ, ਪ੍ਰਭੂ ਨੇ ਉਹਨਾਂ ਦੇ ਸਾਰੇ ਔਗੁਣ ਨਾਸ ਕਰ ਦਿੱਤੇ।

53089	1235	ਤਿਨ ਕਉ ਦੇਖਿ ਭਏ ਕਿਰਪਾਲਾ ਤਿਨ ਭਵ ਸਾਗਰੁ ਤਰਿਆ॥੭॥		Thin Ko Dhaekh Bheae Kirapaalaa Thin Bhav Saagar Thariaa ||7||	Seeing them, God becomes merciful; they are carried across the terrifying world-ocean. ||7||	ਗੁਰੂ ਦੀ ਸੰਗਤ ਵਿਚ ਆਉਣ ਵਾਲਿਆਂ ਨੂੰ ਵੇਖ ਕੇ ਪ੍ਰਭੂ ਜੀ ਸਦਾ ਮਿਹਰਵਾਨ ਹੁੰਦੇ ਹਨ, ਤੇ, ਉਹ ਬੰਦੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ ॥੭॥
53090	1235	ਹਮ ਨਾਨੇ ਨੀਚ ਤੁਮੇ ਬਡ ਸਾਹਿਬ ਕੁਦਰਤਿ ਕਉਣ ਬੀਚਾਰਾ॥		Ham Naanhae Neech Thumaeh Badd Saahib Kudharath Koun Beechaaraa ||	I am lowly, I am nothing at all; You are my Great Lord and Master - how can I even contemplate Your creative potency?	ਹੇ ਮਾਲਕ-ਪ੍ਰਭੂ! ਤੂੰ ਬਹੁਤ ਵੱਡਾ ਹੈਂ, ਅਸੀਂ ਜੀਵ (ਤੇਰੇ ਸਾਹਮਣੇ) ਬਹੁਤ ਹੀ ਨਿੱਕੇ ਤੇ ਨੀਵੇਂ (ਕੀੜੇ ਜਿਹੇ) ਹਾਂ। ਮੇਰੀ ਕੀਹ ਤਾਕਤ ਹੈ ਕਿ ਤੇਰੇ ਪਰਤਾਪ ਦਾ ਅੰਦਾਜ਼ਾ ਲਾ ਸਕਾਂ?
53091	1235	ਮਨੁ ਤਨੁ ਸੀਤਲੁ ਗੁਰ ਦਰਸ ਦੇਖੇ ਨਾਨਕ ਨਾਮੁ ਅਧਾਰਾ॥੮॥੧॥		Man Than Seethal Gur Dharas Dhaekhae Naanak Naam Adhhaaraa ||8||1||	My mind and body are cooled and soothed, gazing upon the Blessed Vision of the Guru's Darshan. Nanak takes the Support of the Naam, the Name of the Lord. ||8||1||	ਨਾਨਕ ਆਖਦਾ ਹੈ- ਗੁਰੂ ਦਾ ਦਰਸਨ ਕਰ ਕੇ ਮਨੁੱਖ ਦਾ ਮਨ ਤਨ ਠੰਢਾ ਠਾਰ ਹੋ ਜਾਂਦਾ ਹੈ, ਤੇ, ਮਨੁੱਖ ਨੂੰ ਪ੍ਰਭੂ ਦਾ ਨਾਮ-ਆਸਰਾ ਮਿਲ ਜਾਂਦਾ ਹੈ ॥੮॥੧॥
53092	1235	ਸਾਰਗ ਮਹਲਾ ੫ ਅਸਟਪਦੀ ਘਰੁ ੬	ਅਸਟਪਦੀ: ਸ ਪੈਰ ਬਿੰਦੀ ਨ ਲਾਉ	Saarag Mehalaa 5 Asattapadhee Ghar 6	Saarang, Fifth Mehl, Ashtapadees, Sixth House:	ਰਾਗ ਸਾਰੰਗ, ਘਰ ੬ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
53093	1235	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

53094	1235	ਅਗਮ ਅਗਾਧਿ ਸੁਨਹੁ ਜਨ ਕਥਾ॥		Agam Agaadhh Sunahu Jan Kathhaa ||	Listen to the Story of the Inaccessible and Unfathomable.	ਹੇ ਸੰਤ ਜਨੋ! ਅਪਹੁੰਚ ਅਤੇ ਅਥਾਹ ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣਿਆ ਕਰੋ।
53095	1235	ਪਾਰਬ੍ਰਹਮ ਕੀ ਅਚਰਜ ਸਭਾ॥੧॥ਰਹਾਉ॥	ਅ-ਚਰਜ	Paarabreham Kee Acharaj Sabhaa ||1|| Rehaao ||	The glory of the Supreme Lord God is wondrous and amazing! ||1||Pause||	ਉਸ ਪਰਮਾਤਮਾ ਦਾ ਦਰਬਾਰ ਹੈਰਾਨ ਕਰਨ ਵਾਲਾ ਹੈ ॥੧॥ ਰਹਾਉ ॥
53096	1235	ਸਦਾ ਸਦਾ ਸਤਿਗੁਰ ਨਮਸਕਾਰ॥		Sadhaa Sadhaa Sathigur Namasakaar ||	Forever and ever, humbly bow to the True Guru.	ਹੇ ਸੰਤ ਜਨੋ! ਸਦਾ ਹੀ ਗੁਰੂ ਦੇ ਦਰ ਤੇ ਸਿਰ ਨਿਵਾਇਆ ਕਰੋ।
53097	1235	ਗੁਰ ਕਿਰਪਾ ਤੇ ਗੁਨ ਗਾਇ ਅਪਾਰ॥		Gur Kirapaa Thae Gun Gaae Apaar ||	By Guru's Grace, sing the Glorious Praises of the Infinite Lord.	ਗੁਰੂ ਦੀ ਮਿਹਰ ਨਾਲ ਬੇਅੰਤ ਪ੍ਰਭੂ ਦੇ ਗੁਣ ਗਾ ਕੇ-
53098	1235	ਮਨ ਭੀਤਰਿ ਹੋਵੈ ਪਰਗਾਸੁ॥		Man Bheethar Hovai Paragaas ||	His Light shall radiate deep within your mind.	ਮਨ ਵਿਚ ਆਤਮਕ ਜੀਵਨ ਦਾ ਚਾਨਣ ਪੈਦਾ ਹੋ ਜਾਂਦਾ ਹੈ,
53099	1235	ਗਿਆਨ ਅੰਜਨੁ ਅਗਿਆਨ ਬਿਨਾਸੁ॥੧॥		Giaan Anjan Agiaan Binaas ||1||	With the healing ointment of spiritual wisdom, ignorance is dispelled. ||1||	(ਗੁਰੂ ਪਾਸੋਂ ਮਿਲਿਆ ਹੋਇਆ) ਆਤਮਕ ਜੀਵਨ ਦੀ ਸੂਝ ਦਾ ਸੁਰਮਾ ਆਤਮਕ ਜੀਵਨ ਵਲੋਂ ਬੇ-ਸਮਝੀ ਦਾ ਨਾਸ ਕਰ ਦੇਂਦਾ ਹੈ ॥੧॥

53100	1235	ਮਿਤਿ ਨਾਹੀ ਜਾ ਕਾ ਬਿਸਥਾਰੁ॥		Mith Naahee Jaa Kaa Bisathhaar ||	There is no limit to His Expanse.	ਹੇ ਸੰਤ ਜਨੋ! ਜਿਸ ਪਰਮਾਤਮਾ ਦਾ (ਇਹ ਸਾਰਾ) ਜਗਤ-ਖਿਲਾਰਾ (ਬਣਾਇਆ ਹੋਇਆ) ਹੈ, ਉਸ (ਦੀ ਸਮਰਥਾ) ਦਾ ਹੱਦ-ਬੰਨਾ ਨਹੀਂ ਲੱਭ ਸਕਦਾ।
53101	1235	ਸੋਭਾ ਤਾ ਕੀ ਅਪਰ ਅਪਾਰ॥		Sobhaa Thaa Kee Apar Apaar ||	His Glory is Infinite and Endless.	ਉਸ ਪ੍ਰਭੂ ਦੀ ਵਡਿਆਈ ਬੇਅੰਤ ਹੈ ਬੇਅੰਤ ਹੈ।
53102	1235	ਅਨਿਕ ਰੰਗ ਜਾ ਕੇ ਗਨੇ ਨ ਜਾਹਿ॥		Anik Rang Jaa Kae Ganae N Jaahi ||	His many plays cannot be counted.	ਹੇ ਸੰਤ ਜਨੋ! ਜਿਸ ਪਰਮਾਤਮਾ ਦੇ ਅਨੇਕਾਂ ਹੀ ਚੋਜ-ਤਮਾਸ਼ੇ ਹਨ ਗਿਣੇ ਨਹੀਂ ਜਾ ਸਕਦੇ,
53103	1235	ਸੋਗ ਹਰਖ ਦੁਹੂ ਮਹਿ ਨਾਹਿ॥੨॥		Sog Harakh Dhuhehoo Mehi Naahi ||2||	He is not subject to pleasure or pain. ||2||	ਉਹ ਪਰਮਾਤਮਾ ਖ਼ੁਸ਼ੀ ਗ਼ਮੀ ਦੋਹਾਂ ਤੋਂ ਪਰੇ ਰਹਿੰਦਾ ਹੈ ॥੨॥
53104	1235	ਅਨਿਕ ਬ੍ਰਹਮੇ ਜਾ ਕੇ ਬੇਦ ਧੁਨਿ ਕਰਹਿ॥		Anik Brehamae Jaa Kae Baedh Dhhun Karehi ||	Many Brahmas vibrate Him in the Vedas.	ਹੇ ਸੰਤ ਜਨੋ! (ਉਸ ਪ੍ਰਭੂ ਦਾ ਦਰਬਾਰ ਹੈਰਾਨ ਕਰ ਦੇਣ ਵਾਲਾ ਹੈ) ਜਿਸ ਦੇ ਪੈਦਾ ਕੀਤੇ ਹੋਏ ਅਨੇਕਾਂ ਹੀ ਬ੍ਰਹਮੇ (ਉਸ ਦੇ ਦਰ ਤੇ) ਵੇਦਾਂ ਦਾ ਉਚਾਰਨ ਕਰ ਰਹੇ ਹਨ,
53105	1235	ਅਨਿਕ ਮਹੇਸ ਬੈਸਿ ਧਿਆਨੁ ਧਰਹਿ॥		Anik Mehaes Bais Dhhiaan Dhharehi ||	Many Shivas sit in deep meditation.	ਅਨੇਕਾਂ ਹੀ ਸ਼ਿਵ ਬੈਠ ਕੇ ਉਸ ਦਾ ਧਿਆਨ ਧਰ ਰਹੇ ਹਨ,
53106	1236	ਅਨਿਕ ਪੁਰਖ ਅੰਸਾ ਅਵਤਾਰ॥		Anik Purakh Ansaa Avathaar ||	Many beings take incarnation.	ਹੋਰ ਅਨੇਕਾਂ ਹੀ ਛੋਟੇ ਛੋਟੇ ਉਸ ਦੇ ਅਵਤਾਰ ਹਨ,

53107	1236	ਅਨਿਕ ਇੰਦ੍ਰ ਊਭੇ ਦਰਬਾਰ॥੩॥		Anik Eindhr Oobhae Dharabaar ||3||	Many Indras stand at the Lord's Door. ||3||	ਅਨੇਕਾਂ ਹੀ ਇੰਦਰ ਦੇਵਤੇ ਉਸ ਦੇ ਦਰ ਤੇ ਖਲੋਤੇ ਰਹਿੰਦੇ ਹਨ ॥੩॥
53108	1236	ਅਨਿਕ ਪਵਨ ਪਾਵਕ ਅਰੁ ਨੀਰ॥		Anik Pavan Paavak Ar Neer ||	Many winds, fires and waters.	(ਹੇ ਸੰਤ ਜਨੋ! ਪਰਮਾਤਮਾ ਦਾ ਦਰਬਾਰ ਹੈਰਾਨ ਕਰਨ ਵਾਲਾ ਹੈ, ਉਸ ਦੇ ਪੈਦਾ ਕੀਤੇ ਹੋਏ) ਅਨੇਕਾਂ ਹੀ ਹਵਾ ਪਾਣੀ ਅਤੇ ਅੱਗ (ਆਦਿਕ) ਹਨ,
53109	1236	ਅਨਿਕ ਰਤਨ ਸਾਗਰ ਦਧਿ ਖੀਰ॥	ਦੱਧਿ	Anik Rathan Saagar Dhadhh Kheer ||	Many jewels, and oceans of butter and milk.	(ਉਸ ਦੇ ਪੈਦਾ ਕੀਤੇ ਹੋਏ) ਅਨੇਕਾਂ ਹੀ ਰਤਨਾਂ ਦੇ, ਦਹੀਂ ਦੇ, ਦੁੱਧ ਦੇ ਸਮੁੰਦਰ ਹਨ।
53110	1236	ਅਨਿਕ ਸੂਰ ਸਸੀਅਰ ਨਖਿਆਤਿ॥	(ਨਖਿਆਤਿ) ਤਾਰੇ	Anik Soor Saseear Nakhiaath ||	Many suns, moons and stars.	(ਉਸ ਦੇ ਬਣਾਏ ਹੋਏ) ਅਨੇਕਾਂ ਹੀ ਸੂਰਜ ਚੰਦ੍ਰਮਾ ਅਤੇ ਤਾਰੇ ਹਨ,
53111	1236	ਅਨਿਕ ਦੇਵੀ ਦੇਵਾ ਬਹੁ ਭਾਂਤਿ॥੪॥		Anik Dhaevee Dhaevaa Bahu Bhaanth ||4||	Many gods and goddesses of so many kinds. ||4||	ਅਤੇ ਕਈ ਕਿਸਮਾਂ ਦੇ ਅਨੇਕਾਂ ਹੀ ਦੇਵੀਆਂ ਦੇਵਤੇ ਹਨ ॥੪॥
53112	1236	ਅਨਿਕ ਬਸੁਧਾ ਅਨਿਕ ਕਾਮਧੇਨ॥	ਬਸੁ-ਧਾ: ਪੋਲਾ ਬੋਲੋ	Anik Basudhhaa Anik Kaamadhhaen ||	Many earths, many wish-fulfilling cows.	(ਹੇ ਸੰਤ ਜਨੋ! ਪਰਮਾਤਮਾ ਦਾ ਦਰਬਾਰ ਅਸਚਰਜ ਹੈ, ਉਸ ਦੀਆਂ ਪੈਦਾ ਕੀਤੀਆਂ) ਅਨੇਕਾਂ ਧਰਤੀਆਂ ਅਤੇ ਅਨੇਕਾਂ ਹੀ ਮਨੋ-ਕਾਮਨਾ ਪੂਰੀਆਂ ਕਰਨ ਵਾਲੀਆਂ ਸੁਵਰਗ ਦੀਆਂ ਗਾਂਈਆਂ ਹਨ,

53113	1236	ਅਨਿਕ ਪਾਰਜਾਤ ਅਨਿਕ ਮੁਖਿ ਬੇਨ॥		Anik Paarajaath Anik Mukh Baen ||	Many miraculous Elysian trees, many Krishnas playing the flute.	ਅਨੇਕਾਂ ਹੀ ਪਾਰਜਾਤ ਰੁੱਖ ਅਤੇ ਅਨੇਕਾਂ ਹੀ ਕ੍ਰਿਸ਼ਨ ਹਨ,
53114	1236	ਅਨਿਕ ਅਕਾਸ ਅਨਿਕ ਪਾਤਾਲ॥		Anik Akaas Anik Paathaal ||	Many Akaashic ethers, many nether regions of the underworld.	ਅਨੇਕਾਂ ਹੀ ਆਕਾਸ਼ ਅਤੇ ਅਨੇਕਾਂ ਹੀ ਪਾਤਾਲ ਹਨ।
53115	1236	ਅਨਿਕ ਮੁਖੀ ਜਪੀਐ ਗੋਪਾਲ॥੫॥		Anik Mukhee Japeeai Gopaal ||5||	Many mouths chant and meditate on the Lord. ||5||	ਹੇ ਸੰਤ ਜਨੋ! ਉਸ ਗੋਪਾਲ ਨੂੰ ਅਨੇਕਾਂ ਮੂੰਹਾਂ ਦੀ ਰਾਹੀਂ ਜਪਿਆ ਜਾ ਰਿਹਾ ਹੈ। (ਅਨੇਕਾਂ ਜੀਵ ਉਸ ਦਾ ਨਾਮ ਜਪਦੇ ਹਨ) ॥੫॥
53116	1236	ਅਨਿਕ ਸਾਸਤ੍ਰ ਸਿਮ੍ਰਿਤਿ ਪੁਰਾਨ॥	ਸਿਮ੍ਰਿਤਿ	Anik Saasathr Simrith Puraan ||	Many Shaastras, Simritees and Puraanas.	(ਹੇ ਸੰਤ ਜਨੋ! ਪਰਮਾਤਮਾ ਦਾ ਦਰਬਾਰ ਹੈਰਾਨ ਕਰਨ ਵਾਲਾ ਹੈ) ਅਨੇਕਾਂ ਸ਼ਾਸਤ੍ਰਾਂ ਸਿਮ੍ਰਿਤੀਆਂ ਅਤੇ ਪੁਰਾਣਾਂ ਦੀ ਰਾਹੀਂ-
53117	1236	ਅਨਿਕ ਜੁਗਤਿ ਹੋਵਤ ਬਖਿਆਨ॥		Anik Jugath Hovath Bakhiaan ||	Many ways in which we speak.	ਅਨੇਕਾਂ ਤਰੀਕਿਆਂ ਨਾਲ (ਉਸ ਦੇ ਗੁਣਾਂ ਦਾ) ਉਪਦੇਸ਼ ਹੋ ਰਿਹਾ ਹੈ।
53118	1236	ਅਨਿਕ ਸਰੋਤੇ ਸੁਨਹਿ ਨਿਧਾਨ॥		Anik Sarothae Sunehi Nidhhaan ||	Many listeners listen to the Lord of Treasure.	ਹੇ ਸੰਤ ਜਨੋ! ਅਨੇਕਾਂ ਹੀ ਸੁਣਨ ਵਾਲੇ ਉਸ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੀਆਂ ਸਿਫ਼ਤਾਂ ਸੁਣ ਰਹੇ ਹਨ।

53119	1236	ਸਰਬ ਜੀਅ ਪੂਰਨ ਭਗਵਾਨ॥੬॥		Sarab Jeea Pooran Bhagavaan ||6||	The Lord God totally permeates all beings. ||6||	ਹੇ ਸੰਤ ਜਨੋ! ਉਹ ਭਗਵਾਨ ਸਾਰੇ ਹੀ ਜੀਵਾਂ ਵਿਚ ਵਿਆਪਕ ਹੈ ॥੬॥
53120	1236	ਅਨਿਕ ਧਰਮ ਅਨਿਕ ਕੁਮੇਰ॥		Anik Dharam Anik Kumaer ||	Many righteous judges of Dharma, many gods of wealth.	ਹੇ ਸੰਤ ਜਨੋ! (ਉਸ ਪਰਮਾਤਮਾ ਦੇ ਪੈਦਾ ਕੀਤੇ ਹੋਏ) ਅਨੇਕਾਂ ਧਰਮਰਾਜ ਹਨ ਅਨੇਕਾਂ ਹੀ ਧਨ ਦੇ ਦੇਵਤੇ ਕੁਬੇਰ ਹਨ,
53121	1236	ਅਨਿਕ ਬਰਨ ਅਨਿਕ ਕਨਿਕ ਸੁਮੇਰ॥		Anik Baran Anik Kanik Sumaer ||	Many gods of water, many mountains of gold.	ਅਨੇਕਾਂ ਸਮੁੰਦਰ ਦੇ ਦੇਵਤੇ ਵਰਣ ਹਨ ਅਤੇ ਅਨੇਕਾਂ ਹੀ ਸੋਨੇ ਦੇ ਸੁਮੇਰ ਪਰਬਤ ਹਨ,
53122	1236	ਅਨਿਕ ਸੇਖ ਨਵਤਨ ਨਾਮੁ ਲੇਹਿ॥		Anik Saekh Navathan Naam Laehi ||	Many thousand-headed snakes, chanting ever-new Names of God.	ਅਨੇਕਾਂ ਹੀ ਉਸ ਦੇ ਬਣਾਏ ਹੋਏ ਸ਼ੇਸ਼ਨਾਗ ਹਨ ਜੋ (ਹਰ ਰੋਜ਼ ਸਦਾ ਉਸ ਦਾ) ਨਵਾਂ ਹੀ ਨਾਮ ਲੈਂਦੇ ਹਨ।
53123	1236	ਪਾਰਬ੍ਰਹਮ ਕਾ ਅੰਤੁ ਨ ਤੇਹਿ॥੭॥		Paarabreham Kaa Anth N Thaehi ||7||	They do not know the limits of the Supreme Lord God. ||7||	ਹੇ ਸੰਤ ਜਨੋ! ਉਹਨਾਂ ਵਿਚੋਂ ਕਿਸੇ ਨੇ ਉਸ (ਦੇ ਗੁਣਾਂ) ਦਾ ਅੰਤ ਨਹੀਂ ਲੱਭਾ ॥੭॥
53124	1236	ਅਨਿਕ ਪੁਰੀਆ ਅਨਿਕ ਤਹ ਖੰਡ॥		Anik Pureeaa Anik Theh Khandd ||	Many solar systems, many galaxies.	(ਹੇ ਸੰਤ ਜਨੋ! ਪਰਮਾਤਮਾ ਦਾ ਦਰਬਾਰ ਹੈਰਾਨ ਕਰਨ ਵਾਲਾ ਹੈ, ਉਸ ਦੇ ਪੈਦਾ ਕੀਤੇ ਹੋਏ) ਅਨੇਕਾਂ ਖੰਡ ਹਨ ਅਤੇ ਅਨੇਕਾਂ ਪੁਰੀਆਂ ਹਨ।

53125	1236	ਅਨਿਕ ਰੂਪ ਰੰਗ ਬ੍ਰਹਮੰਡ॥		Anik Roop Rang Brehamandd ||	Many forms, colors and celestial realms.	ਉਸ ਦੇ ਬਣਾਏ ਅਨੇਕਾਂ ਰੂਪਾਂ ਰੰਗਾਂ ਦੇ ਬ੍ਰਹਮੰਡ ਹਨ।
53126	1236	ਅਨਿਕ ਬਨਾ ਅਨਿਕ ਫਲ ਮੂਲ॥		Anik Banaa Anik Fal Mool ||	Many gardens, many fruits and roots.	ਉਸਦੇ ਪੈਦਾ ਕੀਤੇ ਹੋਏ ਅਨੇਕਾਂ ਜੰਗਲ ਤੇ ਉਹਨਾਂ ਵਿਚ ਉੱਗਣ ਵਾਲੇ ਅਨੇਕਾਂ ਕਿਸਮਾਂ ਦੇ ਫਲ ਅਤੇ ਕੰਦ ਮੂਲ ਹਨ।
53127	1236	ਆਪਹਿ ਸੂਖਮ ਆਪਹਿ ਅਸਥੂਲ॥੮॥		Aapehi Sookham Aapehi Asathhool ||8||	He Himself is mind, and He Himself is matter. ||8||	ਉਹ ਪਰਮਾਤਮਾ ਆਪ ਹੀ ਅਦ੍ਰਿਸ਼ਟ ਰੂਪ ਵਾਲਾ ਹੈ, ਉਹ ਆਪ ਹੀ ਇਹ ਦਿੱਸਦਾ ਜਗਤ-ਤਮਾਸ਼ਾ ਹੈ ॥੮॥
53128	1236	ਅਨਿਕ ਜੁਗਾਦਿ ਦਿਨਸ ਅਰੁ ਰਾਤਿ॥		Anik Jugaadh Dhinas Ar Raath ||	Many ages, days and nights.	ਹੇ ਸੰਤ ਜਨੋ! ਉਸ ਪਰਮਾਤਮਾ ਦੇ ਬਣਾਏ ਹੋਏ ਅਨੇਕਾਂ ਹੀ ਜੁਗ ਆਦਿਕ ਹਨ, ਅਨੇਕਾਂ ਹੀ ਦਿਨ ਹਨ ਅਤੇ ਅਨੇਕਾਂ ਹੀ ਰਾਤਾਂ ਹਨ।
53129	1236	ਅਨਿਕ ਪਰਲਉ ਅਨਿਕ ਉਤਪਾਤਿ॥	(ਉਤਪਾਤਿ) ਉਤਪਤੀ	Anik Paralo Anik Outhapaath ||	Many apocalypses, many creations.	ਉਹ ਅਨੇਕਾਂ ਵਾਰੀ ਜਗਤ ਦਾ ਨਾਸ ਕਰਦਾ ਹੈ ਅਨੇਕਾਂ ਵਾਰੀ ਜਗਤ-ਉਤਪੱਤੀ ਕਰਦਾ ਹੈ।
53130	1236	ਅਨਿਕ ਜੀਅ ਜਾ ਕੇ ਗ੍ਰਿਹ ਮਾਹਿ॥		Anik Jeea Jaa Kae Grih Maahi ||	Many beings are in His home.	ਹੇ ਸੰਤ ਜਨੋ! (ਉਹ ਪਰਮਾਤਮਾ ਐਸਾ ਗ੍ਰਿਹਸਤੀ ਹੈ) ਕਿ ਉਸ ਦੇ ਘਰ ਵਿਚ ਅਨੇਕਾਂ ਹੀ ਜੀਵ ਹਨ,
53131	1236	ਰਮਤ ਰਾਮ ਪੂਰਨ ਸ੍ਰਬ ਠਾਂਇ॥੯॥		Ramath Raam Pooran Srab Thaane ||9||	The Lord is perfectly pervading all places. ||9||	ਉਹ ਸਭ ਥਾਵਾਂ ਵਿਚ ਵਿਆਪਕ ਹੈ ਸਭ ਥਾਵਾਂ ਵਿਚ ਮੌਜੂਦ ਹੈ ॥੯॥

53132	1236	ਅਨਿਕ ਮਾਇਆ ਜਾ ਕੀ ਲਖੀ ਨ ਜਾਇ॥		Anik Maaeiaa Jaa Kee Lakhee N Jaae ||	Many Mayas, which cannot be known.	ਹੇ ਸੰਤ ਜਨੋ! (ਪਰਮਾਤਮਾ ਦਾ ਦਰਬਾਰ ਹੈਰਾਨ ਕਰਨ ਵਾਲਾ ਹੈ) ਜਿਸ ਦੀ (ਰਚੀ ਹੋਈ) ਅਨੇਕਾਂ ਰੰਗਾਂ ਦੀ ਮਾਇਆ ਸਮਝੀ ਨਹੀਂ ਜਾ ਸਕਦੀ,
53133	1236	ਅਨਿਕ ਕਲਾ ਖੇਲੈ ਹਰਿ ਰਾਇ॥		Anik Kalaa Khaelai Har Raae ||	Many are the ways in which our Sovereign Lord plays.	ਉਹ ਪ੍ਰਭੂ-ਪਾਤਿਸ਼ਾਹ ਅਨੇਕਾਂ ਕੌਤਕ ਰਚਾ ਰਿਹਾ ਹੈ।
53134	1236	ਅਨਿਕ ਧੁਨਿਤ ਲਲਿਤ ਸੰਗੀਤ॥		Anik Dhhunith Lalith Sangeeth ||	Many exquisite melodies sing of the Lord.	(ਉਸ ਦੇ ਦਰ ਤੇ) ਅਨੇਕਾਂ ਸੁਰੀਲੇ ਰਾਗਾਂ ਦੀ ਧੁਨੀ ਹੋ ਰਹੀ ਹੈ।
53135	1236	ਅਨਿਕ ਗੁਪਤ ਪ੍ਰਗਟੇ ਤਹ ਚੀਤ॥੧੦॥		Anik Gupath Pragattae Theh Cheeth ||10||	Many recording scribes of the conscious and subconscious are revealed there. ||10||	ਉਥੇ ਅਨੇਕਾਂ ਹੀ ਚਿੱਤਰ ਗੁਪਤ ਪ੍ਰਤੱਖ ਦਿੱਸਦੇ ਹਨ ॥੧੦॥
53136	1236	ਸਭ ਤੇ ਊਚ ਭਗਤ ਜਾ ਕੈ ਸੰਗਿ॥		Sabh Thae Ooch Bhagath Jaa Kai Sang ||	He is above all, and yet He dwells with His devotees.	ਹੇ ਸੰਤ ਜਨੋ! ਉਹ ਪਰਮਾਤਮਾ ਸਭ ਤੋਂ ਉੱਚਾ ਹੈ ਜਿਸ ਦੇ ਦਰ ਤੇ ਅਨੇਕਾਂ ਭਗਤ-
53137	1236	ਆਠ ਪਹਰ ਗੁਨ ਗਾਵਹਿ ਰੰਗਿ॥		Aath Pehar Gun Gaavehi Rang ||	Twenty-four hours a day, they sing His Praises with love.	ਪ੍ਰੇਮ ਨਾਲ ਅੱਠੇ ਪਹਰ ਉਸ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ।
53138	1236	ਅਨਿਕ ਅਨਾਹਦ ਆਨੰਦ ਝੁਨਕਾਰ॥		Anik Anaahadh Aanandh Jhunakaar ||	Many unstruck melodies resound and resonate with bliss.	ਉਸ ਦੇ ਦਰ ਤੇ ਬਿਨਾ ਵਜਾਏ ਵੱਜ ਰਹੇ ਸਾਜਾਂ ਦੀ ਮਿੱਠੀ ਸੁਰ ਦਾ ਆਨੰਦ ਬਣਿਆ ਰਹਿੰਦਾ ਹੈ,

53139	1236	ਉਆ ਰਸ ਕਾ ਕਛੁ ਅੰਤੁ ਨ ਪਾਰ॥੧੧॥		Ouaa Ras Kaa Kashh Anth N Paar ||11||	There is no end or limit of that sublime essence. ||11||	ਉਸ ਆਨੰਦ ਦਾ ਅੰਤ ਜਾਂ ਪਾਰਲਾ ਬੰਨਾ ਨਹੀਂ ਲੱਭ ਸਕਦਾ (ਉਹ ਆਨੰਦ ਅਮੁੱਕ ਹੈ) ॥੧੧॥
53140	1236	ਸਤਿ ਪੁਰਖੁ ਸਤਿ ਅਸਥਾਨੁ॥		Sath Purakh Sath Asathhaan ||	True is the Primal Being, and True is His dwelling.	ਹੇ ਸੰਤ ਜਨੋ! ਉਹ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦਾ ਅਸਥਾਨ ਭੀ ਅਟੱਲ ਹੈ।
53141	1236	ਊਚ ਤੇ ਊਚ ਨਿਰਮਲ ਨਿਰਬਾਨੁ॥		Ooch Thae Ooch Niramal Nirabaan ||	He is the Highest of the high, Immaculate and Detached, in Nirvaanaa.	ਉਹ ਉੱਚਿਆਂ ਤੋਂ ਉੱਚਾ ਹੈ, ਪਵਿੱਤਰ-ਸਰੂਪ ਹੈ, ਵਾਸਨਾ-ਰਹਿਤ ਹੈ।
53142	1236	ਅਪੁਨਾ ਕੀਆ ਜਾਨਹਿ ਆਪਿ॥		Apunaa Keeaa Jaanehi Aap ||	He alone knows His handiwork.	ਹੇ ਪ੍ਰਭੂ! ਆਪਣੇ ਰਚੇ (ਜਗਤ) ਨੂੰ ਤੂੰ ਆਪ ਹੀ ਜਾਣਦਾ ਹੈਂ,
53143	1236	ਆਪੇ ਘਟਿ ਘਟਿ ਰਹਿਓ ਬਿਆਪਿ॥		Aapae Ghatt Ghatt Rehiou Biaap ||	He Himself pervades each and every heart.	ਤੂੰ ਆਪ ਹੀ ਹਰੇਕ ਸਰੀਰ ਵਿਚ ਮੌਜੂਦ ਹੈਂ।
53144	1236	ਕ੍ਰਿਪਾਨਿਧਾਨ ਨਾਨਕ ਦਇਆਲ॥		Kirapaa Nidhhaan Naanak Dhaeiaal ||	The Merciful Lord is the Treasure of Compassion, O Nanak.	ਹੇ ਦਇਆ ਦੇ ਖ਼ਜ਼ਾਨੇ! ਹੇ ਦਇਆ ਦੇ ਸੋਮੇ!
53145	1236	ਜਿਨਿ ਜਪਿਆ ਨਾਨਕ ਤੇ ਭਏ ਨਿਹਾਲ॥੧੨॥੧॥੨॥੨॥੩॥੭॥		Jin Japiaa Naanak Thae Bheae Nihaal ||12||1||2||2||3||7||	Those who chant and meditate on Him, O Nanak, are exalted and enraptured. ||12||1||2||2||3||7||	ਨਾਨਕ ਆਖਦਾ ਹੈ, ਜਿਸ ਜਿਸ ਨੇ (ਤੇਰਾ ਨਾਮ) ਜਪਿਆ ਹੈ, ਉਹ ਸਭ ਪ੍ਰਸੰਨ-ਚਿੱਤ ਰਹਿੰਦੇ ਹਨ ॥੧੨॥੧॥੨॥੨॥੩॥੭॥

53146	1236	ਸਾਰਗ ਛੰਤ ਮਹਲਾ ੫		Saarag Shhanth Mehalaa 5	Saarang, Chhant, Fifth Mehl:	ਰਾਗ ਸਾਰੰਗ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ' (ਛੰਦ)।
53147	1236	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
53148	1236	ਸਭ ਦੇਖੀਐ ਅਨਭੈ ਕਾ ਦਾਤਾ॥	ਅਨ-ਭੈ	Sabh Dhaekheeai Anabhai Kaa Dhaathaa ||	See the Giver of fearlessness in all.	ਨਿਰਭੈਤਾ ਦੀ ਅਵਸਥਾ ਦੇਣ ਵਾਲਾ ਪ੍ਰਭੂ ਸਾਰੀ ਸ੍ਰਿਸ਼ਟੀ ਵਿਚ ਵੱਸਦਾ ਦਿੱਸ ਰਿਹਾ ਹੈ।
53149	1236	ਘਟਿ ਘਟਿ ਪੂਰਨ ਹੈ ਅਲਿਪਾਤਾ॥	(ਅਲਿ-ਪਾਤਾ) ਨਿਰਲੇਪ	Ghatt Ghatt Pooran Hai Alipaathaa ||	The Detached Lord is totally permeating each and every heart.	ਉਹ ਪ੍ਰਭੂ ਹਰੇਕ ਸਰੀਰ ਵਿਚ ਵਿਆਪਕ ਹੈ, ਫਿਰ ਭੀ ਨਿਰਲੇਪ ਰਹਿੰਦਾ ਹੈ।
53150	1236	ਘਟਿ ਘਟਿ ਪੂਰਨੁ ਕਰਿ ਬਿਸਥੀਰਨੁ ਜਲ ਤਰੰਗ ਜਿਉ ਰਚਨੁ ਕੀਆ॥		Ghatt Ghatt Pooran Kar Bisathheeran Jal Tharang Jio Rachan Keeaa ||	Like waves in the water, He created the creation.	ਜਿਵੇਂ ਪਾਣੀ ਦੀਆਂ ਲਹਿਰਾਂ (ਵਿਚ ਪਾਣੀ ਮੌਜੂਦ ਹੈ) ਪਰਮਾਤਮਾ ਜਗਤ-ਰਚਨਾ ਦਾ ਖਿਲਾਰਾ ਰਚ ਕੇ ਆਪ ਹਰੇਕ ਸਰੀਰ ਵਿਚ ਵਿਆਪਕ ਹੈ।
53151	1236	ਹਭਿ ਰਸ ਮਾਣੇ ਭੋਗ ਘਟਾਣੇ ਆਨ ਨ ਬੀਆ ਕੋ ਥੀਆ॥		Habh Ras Maanae Bhog Ghattaanae Aan N Beeaa Ko Thheeaa ||	He enjoys all tastes, and takes pleasure in all hearts. There is no other like Him at all.	ਹਰੇਕ ਸਰੀਰ ਵਿਚ ਵਿਆਪਕ ਹੋ ਕੇ ਉਹ ਸਾਰੇ ਰਸ ਮਾਣਦਾ ਹੈ ਸਾਰੇ ਭੋਗ ਭੋਗਦਾ ਹੈ, (ਉਸ ਤੋਂ ਬਿਨਾ ਕਿਤੇ ਭੀ) ਕੋਈ ਦੂਜਾ ਨਹੀਂ ਹੈ।

53152	1236	ਹਰਿ ਰੰਗੀ ਇਕ ਰੰਗੀ ਠਾਕੁਰੁ ਸੰਤਸੰਗਿ ਪ੍ਰਭੁ ਜਾਤਾ॥		Har Rangee Eik Rangee Thaakur Santhasang Prabh Jaathaa ||	The color of the Lord's Love is the one color of our Lord and Master; in the Saadh Sangat, the Company of the Holy, God is realized.	ਸਭ ਰੰਗਾਂ ਦਾ ਰਚਣ ਵਾਲਾ ਉਹ ਮਾਲਕ-ਹਰੀ ਇਕ-ਰਸ ਸਭ ਵਿਚ ਵਿਆਪਕ ਹੈ। ਸੰਤ ਜਨਾਂ ਦੀ ਸੰਗਤ ਵਿਚ ਟਿੱਕ ਕੇ ਉਸ ਪ੍ਰਭੂ ਨਾਲ ਸਾਂਝ ਪੈ ਸਕਦੀ ਹੈ।
53153	1236	ਨਾਨਕ ਦਰਸਿ ਲੀਨਾ ਜਿਉ ਜਲ ਮੀਨਾ ਸਭ ਦੇਖੀਐ ਅਨਭੈ ਕਾ ਦਾਤਾ॥੧॥	ਅਨ-ਭੈ	Naanak Dharas Leenaa Jio Jal Meenaa Sabh Dhaekheeai Anabhai Kaa Dhaathaa ||1||	O Nanak, I am drenched with the Blessed Vision of the Lord, like the fish in the water. I see the Giver of fearlessness in all. ||1||	ਹੇ ਨਾਨਕ! ਮੈਂ ਉਸ ਦੇ ਦਰਸਨ ਵਿਚ ਇਉਂ ਲੀਨ ਰਹਿੰਦਾ ਹਾਂ ਜਿਵੇਂ ਮੱਛੀ ਪਾਣੀ ਵਿਚ। ਨਿਰਭੈਤਾ ਦਾ ਦੇਣ ਵਾਲਾ ਉਹ ਪ੍ਰਭੂ ਸਾਰੀ ਸ੍ਰਿਸ਼ਟੀ ਵਿਚ ਦਿੱਸ ਰਿਹਾ ਹੈ ॥੧॥
53154	1236	ਕਉਨ ਉਪਮਾ ਦੇਉ ਕਵਨ ਬਡਾਈ॥		Koun Oupamaa Dhaeo Kavan Baddaaee ||	What praises should I give, and what approval should I offer to Him?	ਹੇ ਸੰਤ ਜਨੋ! ਮੈਂ ਉਸ ਪਰਮਾਤਮਾ ਦੀ ਬਰਾਬਰੀ ਦਾ ਕੋਈ ਭੀ ਦੱਸ ਨਹੀਂ ਸਕਦਾ। ਉਹ ਕੇਡਾ ਵੱਡਾ ਹੈ-ਇਹ ਭੀ ਨਹੀਂ ਦੱਸ ਸਕਦਾ।
53155	1236	ਪੂਰਨ ਪੂਰਿ ਰਹਿਓ ਸ੍ਰਬ ਠਾਈ॥		Pooran Poor Rehiou Srab Thaaee ||	The Perfect Lord is totally pervading and permeating all places.	ਉਹ ਸਰਬ-ਵਿਆਪਕ ਹੈ, ਉਹ ਸਭਨੀਂ ਥਾਈਂ ਮੌਜੂਦ ਹੈ।

53156	1236	ਪੂਰਨ ਮਨਮੋਹਨ ਘਟ ਘਟ ਸੋਹਨ ਜਬ ਖਿੰਚੈ ਤਬ ਛਾਈ॥		Pooran Manamohan Ghatt Ghatt Sohan Jab Khinchai Thab Shhaaee ||	The Perfect Enticing Lord adorns each and every heart. When He withdraws, the mortal turns to dust.	ਉਹ ਪ੍ਰਭੂ ਸਰਬ-ਵਿਆਪਕ ਹੈ, ਸਭ ਦੇ ਮਨਾਂ ਨੂੰ ਖਿੱਚ ਪਾਣ ਵਾਲਾ ਹੈ, ਸਭ ਸਰੀਰਾਂ ਨੂੰ (ਆਪਣੀ ਜੋਤਿ ਨਾਲ) ਸੋਹਣਾ ਬਣਾਣ ਵਾਲਾ ਹੈ। ਜਦੋਂ ਉਹ ਆਪਣੀ ਜੋਤਿ ਖਿੱਚ ਲੈਂਦਾ ਹੈ, ਤਦੋਂ ਕੁਝ ਭੀ ਨਹੀਂ ਰਹਿ ਜਾਂਦਾ।
53157	1237	ਕਿਉ ਨ ਅਰਾਧਹੁ ਮਿਲਿ ਕਰਿ ਸਾਧਹੁ ਘਰੀ ਮੁਹਤਕ ਬੇਲਾ ਆਈ॥	ਸਾਧਹੁ: ਪੋਲਾ ਬੋਲੋ। ਮੁਹਤ-ਕ। ਬੇਲਾ: ਪੋਲਾ ਬੋਲੋ	Kio N Araadhhahu Mil Kar Saadhhahu Gharee Muhathak Baelaa Aaee ||	Why do you not worship and adore Him? Join together with the Holy Saints; any instant, your time shall come.	ਹੇ ਸੰਤ ਜਨੋ! ਘੜੀ ਅੱਧੀ ਘੜੀ ਨੂੰ (ਹਰੇਕ ਜੀਵ ਵਾਸਤੇ ਇਥੋਂ ਕੂਚ ਕਰਨ ਦਾ) ਵੇਲਾ ਆ ਹੀ ਜਾਂਦਾ ਹੈ, ਫਿਰ ਕਿਉਂ ਨਾ ਮਿਲ ਕੇ ਉਸ ਦੇ ਨਾਮ ਦਾ ਆਰਾਧਨ ਕਰੋ?
53158	1237	ਅਰਥੁ ਦਰਬੁ ਸਭੁ ਜੋ ਕਿਛੁ ਦੀਸੈ ਸੰਗਿ ਨ ਕਛਹੂ ਜਾਈ॥		Arathh Dharab Sabh Jo Kishh Dheesai Sang N Kashhehoo Jaaee ||	All your property and wealth, and all that you see - none of it will go along with you.	ਹੇ ਸੰਤ ਜਨੋ! ਧਨ-ਪਦਾਰਥ ਇਹ ਸਭ ਕੁਝ ਜੋ ਦਿੱਸ ਰਿਹਾ ਹੈ, ਕੋਈ ਭੀ ਚੀਜ਼ (ਕਿਸੇ ਦੇ) ਨਾਲ ਨਹੀਂ ਜਾਂਦੀ।
53159	1237	ਕਹੁ ਨਾਨਕ ਹਰਿ ਹਰਿ ਆਰਾਧਹੁ ਕਵਨ ਉਪਮਾ ਦੇਉ ਕਵਨ ਬਡਾਈ॥੨॥		Kahu Naanak Har Har Aaraadhhahu Kavan Oupamaa Dhaeo Kavan Baddaaee ||2||	Says Nanak, worship and adore the Lord, Har, Har. What praise, and what approval, can I offer to Him? ||2||	ਨਾਨਕ ਆਖਦਾ ਹੈ- ਸਦਾ ਪਰਮਾਤਮਾ ਦਾ ਨਾਮ ਸਿਮਰਿਆ ਕਰੋ। ਮੈਂ ਉਸ ਦੀ ਬਰਾਬਰੀ ਦਾ ਕੋਈ ਭੀ ਨਹੀਂ ਦੱਸ ਸਕਦਾ। ਉਹ ਕੇਡਾ ਵੱਡਾ ਹੈ-ਇਹ ਭੀ ਨਹੀਂ ਦੱਸ ਸਕਦਾ ॥੨॥

53160	1237	ਪੂਛਉ ਸੰਤ ਮੇਰੋ ਠਾਕੁਰੁ ਕੈਸਾ॥		Pooshho Santh Maero Thaakur Kaisaa ||	I ask the Saints, what is my Lord and Master like?	(ਗੁਰੂ ਪਾਸੋਂ) ਮੈਂ ਪੁੱਛਦਾ ਹਾਂ-ਹੇ ਗੁਰੂ! ਮੇਰਾ ਮਾਲਕ-ਪ੍ਰਭੂ ਕਿਹੋ ਜਿਹਾ ਹੈ?
53161	1237	ਹੀਉ ਅਰਾਪਉਂ ਦੇਹੁ ਸਦੇਸਾ॥		Hanaeeo Araapoun Dhaehu Sadhaesaa ||	I offer my heart, to one who brings me news of Him.	ਮੈਨੂੰ (ਠਾਕੁਰ ਦੀ) ਖ਼ਬਰ ਦੱਸ, ਮੈਂ ਆਪਣਾ ਹਿਰਦਾ (ਤੇਰੇ ਚਰਨਾਂ ਵਿਚ) ਭੇਟਾ ਕਰਦਾ ਹਾਂ।
53162	1237	ਦੇਹੁ ਸਦੇਸਾ ਪ੍ਰਭ ਜੀਉ ਕੈਸਾ ਕਹ ਮੋਹਨ ਪਰਵੇਸਾ॥		Dhaehu Sadhaesaa Prabh Jeeo Kaisaa Keh Mohan Paravaesaa ||	Give me news of my Dear God; where does the Enticer live?	ਹੇ ਗੁਰੂ! ਮੈਨੂੰ ਦੱਸ ਕਿ ਪ੍ਰਭੂ ਜੀ ਕਿਹੋ ਜਿਹਾ ਹੈ ਅਤੇ ਉਸ ਮੋਹਨ-ਪ੍ਰਭੂ ਦਾ ਟਿਕਾਣਾ ਕਿੱਥੇ ਹੈ।
53163	1237	ਅੰਗ ਅੰਗ ਸੁਖਦਾਈ ਪੂਰਨ ਬ੍ਰਹਮਾਈ ਥਾਨ ਥਾਨੰਤਰ ਦੇਸਾ॥		Ang Ang Sukhadhaaee Pooran Brehamaaee Thhaan Thhaananthar Dhaesaa ||	He is the Giver of peace to life and limb; God is totally permeating all places, interspaces and countries.	(ਅੱਗੋਂ ਉੱਤਰ ਮਿਲਦਾ ਹੈ-) ਉਹ ਪੂਰਨ ਪ੍ਰਭੂ ਸਭ ਥਾਵਾਂ ਵਿਚ ਸਭ ਦੇਸਾਂ ਵਿਚ ਸੁਖ ਦੇਣ ਵਾਲਾ ਹੈ ਅਤੇ (ਹਰੇਕ ਜੀਵ ਦੇ) ਅੰਗ ਅੰਗ ਨਾਲ ਵੱਸਦਾ ਹੈ।
53164	1237	ਬੰਧਨ ਤੇ ਮੁਕਤਾ ਘਟਿ ਘਟਿ ਜੁਗਤਾ ਕਹਿ ਨ ਸਕਉ ਹਰਿ ਜੈਸਾ॥		Bandhhan Thae Mukathaa Ghatt Ghatt Jugathaa Kehi N Sako Har Jaisaa ||	He is liberated from bondage, joined to each and every heart. I cannot say what the Lord is like.	ਪ੍ਰਭੂ ਹਰੇਕ ਸਰੀਰ ਵਿਚ ਮਿਲਿਆ ਹੋਇਆ ਹੈ (ਫਿਰ ਭੀ ਮੋਹ ਦੇ) ਬੰਧਨਾਂ ਤੋਂ ਆਜ਼ਾਦ ਹੈ। ਪਰ ਜਿਹੋ ਜਿਹਾ ਉਹ ਪ੍ਰਭੂ ਹੈ ਮੈਂ ਦੱਸ ਨਹੀਂ ਸਕਦਾ।

53165	1237	ਦੇਖਿ ਚਰਿਤ ਨਾਨਕ ਮਨੁ ਮੋਹਿਓ ਪੂਛੈ ਦੀਨੁ ਮੇਰੋ ਠਾਕੁਰੁ ਕੈਸਾ॥੩॥	ਚਰਿਤ: ਪੋਲਾ ਬੋਲੋ ਮਿਲਵਾਂ	Dhaekh Charith Naanak Man Mohiou Pooshhai Dheen Maero Thaakur Kaisaa ||3||	Gazing upon His wondrous play, O Nanak, my mind is fascinated. I humbly ask, what is my Lord and Master like? ||3||	ਹੇ ਨਾਨਕ! ਉਸ ਦੇ ਚੋਜ-ਤਮਾਸ਼ੇ ਵੇਖ ਕੇ ਮੇਰਾ ਮਨ (ਉਸ ਦੇ ਪਿਆਰ ਵਿਚ) ਮੋਹਿਆ ਗਿਆ ਹੈ। ਗਰੀਬ ਦਾਸ ਪੁੱਛਦਾ ਹੈ-ਹੇ ਗੁਰੂ! ਦੱਸ, ਮੇਰਾ ਮਾਲਕ-ਪ੍ਰਭੂ ਕਿਹੋ ਜਿਹਾ ਹੈ ॥੩॥
53166	1237	ਕਰਿ ਕਿਰਪਾ ਅਪੁਨੇ ਪਹਿ ਆਇਆ॥		Kar Kirapaa Apunae Pehi Aaeiaa ||	In His Kindness, He has come to His humble servant.	ਪ੍ਰਭੂ ਮਿਹਰ ਕਰ ਕੇ ਆਪਣੇ ਸੇਵਕ ਦੇ ਕੋਲ (ਆਪ) ਆ ਜਾਂਦਾ ਹੈ।
53167	1237	ਧੰਨਿ ਸੁ ਰਿਦਾ ਜਿਹ ਚਰਨ ਬਸਾਇਆ॥		Dhann S Ridhaa Jih Charan Basaaeiaa ||	Blessed is that heart, in which the Lord's Feet are enshrined.	ਜਿਹੜਾ ਮਨੁੱਖ ਪ੍ਰਭੂ ਦੇ ਚਰਨਾਂ ਨੂੰ ਆਪਣੇ ਹਿਰਦੇ ਵਿਚ ਵਸਾ ਲੈਂਦਾ ਹੈ, ਉਸ ਦਾ ਹਿਰਦਾ ਭਾਗਾਂ ਵਾਲਾ ਹੁੰਦਾ ਹੈ।
53168	1237	ਚਰਨ ਬਸਾਇਆ ਸੰਤਸੰਗਾਇਆ ਅਗਿਆਨ ਅੰਧੇਰੁ ਗਵਾਇਆ॥		Charan Basaaeiaa Santh Sangaaeiaa Agiaan Andhhaer Gavaaeiaa ||	His Feet are enshrined within, in the Society of the Saints; the darkness of ignorance is dispelled.	ਜਿਹੜਾ ਮਨੁੱਖ ਸਾਧ ਸੰਗਤ ਵਿਚ (ਟਿੱਕ ਕੇ) ਪ੍ਰਭੂ ਦੇ ਚਰਨ (ਆਪਣੇ ਹਿਰਦੇ ਵਿਚ) ਵਸਾ ਲੈਂਦਾ ਹੈ, ਉਹ (ਆਪਣੇ ਅੰਦਰੋਂ) ਆਤਮਕ ਜੀਵਨ ਵਲੋਂ ਬੇ-ਸਮਝੀ ਦਾ ਹਨੇਰਾ ਦੂਰ ਕਰ ਲੈਂਦਾ ਹੈ।

53169	1237	ਭਇਆ ਪ੍ਰਗਾਸੁ ਰਿਦੈ ਉਲਾਸੁ ਪ੍ਰਭੁ ਲੋੜੀਦਾ ਪਾਇਆ॥		Bhaeiaa Pragaas Ridhai Oulaas Prabh Lorreedhaa Paaeiaa ||	The heart is enlightened and illumined and enraptured; God has been found.	(ਉਸ ਦੇ ਅੰਦਰ) ਆਤਮਕ ਜੀਵਨ ਦਾ ਚਾਨਣ ਹੋ ਜਾਂਦਾ ਹੈ, ਉਸ ਦੇ ਹਿਰਦੇ ਵਿਚ ਸਦਾ ਉਤਸ਼ਾਹ ਬਣਿਆ ਰਹਿੰਦਾ ਹੈ (ਕਿਉਂਕਿ) ਜਿਸ ਪ੍ਰਭੂ ਨੂੰ ਉਹ ਚਿਰਾਂ ਤੋਂ ਲੋੜ ਰਿਹਾ ਸੀ ਉਸ ਨੂੰ ਮਿਲ ਪੈਂਦਾ ਹੈ।
53170	1237	ਦੁਖੁ ਨਾਠਾ ਸੁਖੁ ਘਰ ਮਹਿ ਵੂਠਾ ਮਹਾ ਅਨੰਦ ਸਹਜਾਇਆ॥		Dhukh Naathaa Sukh Ghar Mehi Voothaa Mehaa Anandh Sehajaaeiaa ||	Pain is gone, and peace has come to my house. The ultimate intuitive peace prevails.	ਉਸ ਦੇ ਅੰਦਰੋਂ ਦੁੱਖ ਦੂਰ ਹੋ ਜਾਂਦਾ ਹੈ, ਉਸ ਦੇ ਹਿਰਦੇ-ਘਰ ਵਿਚ ਸੁਖ ਆ ਵੱਸਦਾ ਹੈ, ਉਸ ਦੇ ਅੰਦਰ ਆਤਮਕ ਅਡੋਲਤਾ ਦਾ ਆਨੰਦ ਪੈਦਾ ਹੋ ਜਾਂਦਾ ਹੈ।
53171	1237	ਕਹੁ ਨਾਨਕ ਮੈ ਪੂਰਾ ਪਾਇਆ ਕਰਿ ਕਿਰਪਾ ਅਪੁਨੇ ਪਹਿ ਆਇਆ॥੪॥੧॥		Kahu Naanak Mai Pooraa Paaeiaa Kar Kirapaa Apunae Pehi Aaeiaa ||4||1||	Says Nanak, I have found the Perfect Lord; in His Kindness, He has come to His humble servant. ||4||1||	ਨਾਨਕ ਆਖਦਾ ਹੈ- ਮੈਂ ਭੀ ਉਹ ਪੂਰਨ ਪ੍ਰਭੂ ਲੱਭ ਲਿਆ ਹੈ। ਉਹ ਤਾਂ ਮਿਹਰ ਕਰ ਕੇ ਆਪਣੇ ਸੇਵਕ ਦੇ ਕੋਲ ਆਪ ਹੀ ਆ ਜਾਂਦਾ ਹੈ ॥੪॥੧॥
53172	1237	ਸਾਰੰਗ ਕੀ ਵਾਰ ਮਹਲਾ ੪ ਰਾਇ ਮਹਮੇ ਹਸਨੇ ਕੀ ਧੁਨਿ		Saarang Kee Vaar Mehalaa 4 Raae Mehamae Hasanae Kee Dhhuni	Vaar Of Saarang, Fourth Mehl, To Be Sung To The Tune Of Mehma-Hasna:	ਇਹ ਸਾਰੰਗ ਦੀ ਵਾਰ ਮਹਮਾ ਤੇ ਹਸਨਾ ਦੀ ਧੁਨ ਅਨੁਸਾਰ ਗਾਈ ਜਾਏ।

53173	1237	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
53174	1237	ਸਲੋਕ ਮਹਲਾ ੨॥		Salok Mehalaa 2 ||	Shalok, Second Mehl:	ਰਾਗ ਸਾਰੰਗ ਵਿੱਚ ਗੁਰੂ ਅੰਗਦੇਵ ਜੀ ਦੀ ਬਾਣੀ 'ਸਲੋਕ'।
53175	1237	ਗੁਰੁ ਕੁੰਜੀ ਪਾਹੂ ਨਿਵਲੁ ਮਨੁ ਕੋਠਾ ਤਨੁ ਛਤਿ॥	(ਨਿਵਲੁ) ਜੰਦਰਾ,ਛੱਤਿ	Gur Kunjee Paahoo Nival Man Kothaa Than Shhath ||	The key of the Guru opens the lock of attachment, in the house of the mind, under the roof of the body.	(ਮਨੁੱਖ ਦਾ) ਮਨ (ਮਾਨੋ) ਕੋਠਾ ਹੈ ਤੇ ਸਰੀਰ (ਇਸ ਕੋਠੇ ਦਾ) ਛੱਤ ਹੈ, (ਮਾਇਆ ਦੀ) ਪਾਹ (ਇਸ ਮਨ-ਕੋਠੇ ਨੂੰ) ਜੰਦਰਾ (ਵੱਜਾ ਹੋਇਆ) ਹੈ, (ਇਸ ਜੰਦਰੇ ਨੂੰ ਖੋਲ੍ਹਣ ਲਈ) ਗੁਰੁ ਕੁੰਜੀ ਹੈ (ਭਾਵ, ਮਨ ਤੋਂ ਮਾਇਆ ਦਾ ਪ੍ਰਭਾਵ ਗੁਰੂ ਹੀ ਦੂਰ ਕਰ ਸਕਦਾ ਹੈ)।
53176	1237	ਨਾਨਕ ਗੁਰ ਬਿਨੁ ਮਨ ਕਾ ਤਾਕੁ ਨ ਉਘੜੈ ਅਵਰ ਨ ਕੁੰਜੀ ਹਥਿ॥੧॥	ਉੱਘੜੈ	Naanak Gur Bin Man Kaa Thaak N Ougharrai Avar N Kunjee Hathh ||1||	O Nanak, without the Guru, the door of the mind cannot be opened. No one else holds the key in hand. ||1||	ਹੇ ਨਾਨਕ! ਸਤਿਗੁਰੂ ਤੋਂ ਬਿਨਾ ਮਨ ਦਾ ਬੂਹਾ ਖੁਲ੍ਹ ਨਹੀਂ ਸਕਦਾ, ਤੇ ਕਿਸੇ ਹੋਰ ਦੇ ਹੱਥ ਵਿਚ (ਇਸ ਦੀ) ਕੁੰਜੀ ਨਹੀਂ ਹੈ ॥੧॥
53177	1237	ਮਹਲਾ ੧॥		Mehalaa 1 ||	First Mehl:	
53178	1237	ਨ ਭੀਜੈ ਰਾਗੀ ਨਾਦੀ ਬੇਦਿ॥		N Bheejai Raagee Naadhee Baedh ||	He is not won over by music, songs or the Vedas.	ਰਾਗ ਗਾਣ ਨਾਲ, ਨਾਦ ਵਜਾਣ ਨਾਲ ਜਾਂ ਵੇਦ (ਆਦਿਕ ਧਰਮ-ਪੁਸਤਕ) ਪੜ੍ਹਨ ਨਾਲ ਪਰਮਾਤਮਾ ਪ੍ਰਸੰਨ ਨਹੀਂ ਹੁੰਦਾ;

53179	1237	ਨ ਭੀਜੈ ਸੁਰਤੀ ਗਿਆਨੀ ਜੋਗਿ ॥		N Bheejai Surathee Giaanee Jog ||	He is not won over by intuitive wisdom, meditation or Yoga.	ਨਾਹ ਹੀ, ਸਮਾਧੀ ਲਾਇਆਂ ਗਿਆਨ-ਚਰਚਾ ਕੀਤਿਆ ਜਾਂ ਜੋਗ ਦਾ ਕੋਈ ਸਾਧਨ ਕੀਤਿਆਂ ਪਰਮਾਤਮਾ ਪ੍ਰਸੰਨ ਹੁੰਦਾ ਹੈ।
53180	1237	ਨ ਭੀਜੈ ਸੋਗੀ ਕੀਤੈ ਰੋਜਿ॥		N Bheejai Sogee Keethai Roj ||	He is not won over by feeling sad and depressed forever.	ਨਾਹ ਹੀ ਉਹ ਤ੍ਰੁਠਦਾ ਹੈ ਨਿਤ ਸੋਗ ਕੀਤਿਆਂ (ਜਿਵੇਂ ਸ੍ਵਾਵਗ ਸਰੇਵੜੇ ਕਰਦੇ ਹਨ);
53181	1237	ਨ ਭੀਜੈ ਰੂਪੀ ਮਾਲੀ ਰੰਗਿ॥		N Bheejai Roopanaee Maalanaee Rang ||	He is not won over by beauty, wealth and pleasures.	ਰੂਪ, ਮਾਲ-ਧਨ ਤੇ ਰੰਗ-ਤਮਾਸ਼ੇ ਵਿਚ ਰੁੱਝਿਆਂ ਭੀ ਪ੍ਰਭੂ (ਜੀਵ ਉਤੇ) ਖ਼ੁਸ਼ ਨਹੀਂ ਹੁੰਦਾ;
53182	1237	ਨ ਭੀਜੈ ਤੀਰਥਿ ਭਵਿਐ ਨੰਗਿ॥		N Bheejai Theerathh Bhaviai Nang ||	He is not won over by wandering naked at sacred shrines.	ਨਾਹ ਹੀ ਉਹ ਭਿੱਜਦਾ ਹੈ ਤੀਰਥ ਤੇ ਨ੍ਹਾਤਿਆਂ ਜਾਂ ਨੰਗੇ ਭਵਿਆਂ।
53183	1237	ਨ ਭੀਜੈ ਦਾਤੀ ਕੀਤੈ ਪੁੰਨਿ॥		N Bheejai Dhaathanaee Keethai Punn ||	He is not won over by giving donations in charity.	ਦਾਨ-ਪੁੰਨ ਕੀਤਿਆਂ ਭੀ ਰੱਬ ਰੀਝਦਾ ਨਹੀਂ,
53184	1237	ਨ ਭੀਜੈ ਬਾਹਰਿ ਬੈਠਿਆ ਸੁੰਨਿ॥	(ਸੁੰਨਿ) ਉਜਾੜ, ਪਾਲ਼ੇ ਚ ਸ੍ਰੀਰ ਨੂੰ ਸੁੰਨ ਕਰਨੇ ਕਰਕੇ, (ਭੀਜੈ) ਪ੍ਰਸੰਨ ਨਹੀਂ ਹੁੰਦੇ। ਭੀਜੈ	N Bheejai Baahar Baithiaa Sunn ||	He is not won over by living alone in the wilderness.	ਤੇ ਬਾਹਰ (ਜੰਗਲਾਂ ਵਿਚ) ਸੁੰਨ-ਮੁੰਨ ਬੈਠਿਆਂ ਭੀ ਨਹੀਂ ਪਸੀਜਦਾ।
53185	1237	ਨ ਭੀਜੈ ਭੇੜਿ ਮਰਹਿ ਭਿੜਿ ਸੂਰ॥		N Bheejai Bhaerr Marehi Bhirr Soor ||	He is not won over by fighting and dying as a warrior in battle.	ਜੋਧੇ ਲੜਾਈ ਵਿਚ ਲੜ ਕੇ ਮਰਦੇ ਹਨ (ਇਸ ਤਰ੍ਹਾਂ ਭੀ) ਪ੍ਰਭੂ ਪ੍ਰਸੰਨ ਨਹੀਂ ਹੁੰਦਾ,

53186	1237	ਨ ਭੀਜੈ ਕੇਤੇ ਹੋਵਹਿ ਧੂੜ॥		N Bheejai Kaethae Hovehi Dhhoorr ||	He is not won over by becoming the dust of the masses.	ਕਈ ਬੰਦੇ (ਸੁਆਹ ਆਦਿਕ ਮਲ ਕੇ) ਮਿੱਟੀ ਵਿਚ ਲਿੱਬੜਦੇ ਹਨ (ਇਸ ਤਰ੍ਹਾਂ ਭੀ ਉਹ) ਖ਼ੁਸ਼ ਨਹੀਂ ਹੁੰਦਾ।
53187	1237	ਲੇਖਾ ਲਿਖੀਐ ਮਨ ਕੈ ਭਾਇ॥		Laekhaa Likheeai Man Kai Bhaae ||	The account is written of the loves of the mind.	(ਜੀਵਾਂ ਦੇ ਚੰਗੇ ਮੰਦੇ ਹੋਣ ਦੀ) ਪਰਖ ਮਨ ਦੀ ਭਾਵਨਾ ਅਨੁਸਾਰ ਕੀਤੀ ਜਾਂਦੀ ਹੈ।
53188	1237	ਨਾਨਕ ਭੀਜੈ ਸਾਚੈ ਨਾਇ॥੨॥		Naanak Bheejai Saachai Naae ||2||	O Nanak, the Lord is won over only by His Name. ||2||	ਹੇ ਨਾਨਕ! ਪਰਮਾਤਮਾ ਪ੍ਰਸੰਨ ਹੁੰਦਾ ਹੈ ਜੇ ਉਸ ਸਦਾ ਕਾਇਮ ਰਹਿਣ ਵਾਲੇ ਦੇ ਨਾਮ ਵਿਚ (ਜੁੜੀਏ) ॥੨॥
53189	1237	ਮਹਲਾ ੧॥		Mehalaa 1 ||	First Mehl:	
53190	1237	ਨਵ ਛਿਅ ਖਟ ਕਾ ਕਰੇ ਬੀਚਾਰੁ॥		Nav Shhia Khatt Kaa Karae Beechaar ||	You may study the nine grammars, the six Shaastras and the six divions of the Vedas.	ਜੋ ਮਨੁੱਖ (ਇਤਨਾ ਵਿਦਵਾਨ ਹੋਵੇ ਕਿ) ਨੌ ਵਿਆਕਰਣਾਂ, ਛੇ ਸ਼ਾਸਤ੍ਰਾਂ ਤੇ ਛੇ ਵੇਦਾਂਗ ਦੀ ਵਿਚਾਰ ਕਰੇ (ਭਾਵ, ਇਹਨਾਂ ਪੁਸਤਕਾਂ ਦੇ ਅਰਥ ਸਮਝ ਲਏ),
53191	1237	ਨਿਸਿ ਦਿਨ ਉਚਰੈ ਭਾਰ ਅਠਾਰ॥		Nis Dhin Oucharai Bhaar Athaar ||	You may recite the Mahaabhaarata.	ਅਠਾਰਾਂ ਪਰਵਾਂ ਵਾਲੇ ਮਹਾਭਾਰਤ ਗ੍ਰੰਥ ਨੂੰ ਦਿਨ ਰਾਤ ਪੜ੍ਹਦਾ ਰਹੇ,
53192	1237	ਤਿਨਿ ਭੀ ਅੰਤੁ ਨ ਪਾਇਆ ਤੋਹਿ॥		Thin Bhee Anth N Paaeiaa Thohi ||	Even these cannot find the limits of the Lord.	ਉਸ ਨੇ ਭੀ (ਹੇ ਪ੍ਰਭੂ!) ਤੇਰਾ ਅੰਤ ਨਹੀਂ ਪਾਇਆ,

53193	1237	ਨਾਮ ਬਿਹੂਣ ਮੁਕਤਿ ਕਿਉ ਹੋਇ॥		Naam Bihoon Mukath Kio Hoe ||	Without the Naam, the Name of the Lord, how can anyone be liberated?	(ਤੇਰੇ) ਨਾਮ ਤੋਂ ਬਿਨਾ ਮਨ ਵਿਕਾਰਾਂ ਤੋਂ ਖ਼ਲਾਸੀ ਪ੍ਰਾਪਤ ਨਹੀਂ ਕਰ ਸਕਦਾ।
53194	1237	ਨਾਭਿ ਵਸਤ ਬ੍ਰਹਮੈ ਅੰਤੁ ਨ ਜਾਣਿਆ॥		Naabh Vasath Brehamai Anth N Jaaniaa ||	Brahma, in the lotus of the navel, does not know the limits of God.	ਕਮਲ ਦੀ ਨਾਭੀ ਵਿਚ ਵੱਸਦਾ ਬ੍ਰਹਮਾ ਪਰਮਾਤਮਾ ਦੇ ਗੁਣਾਂ ਦਾ ਅੰਦਾਜ਼ਾ ਨਾਹ ਲਾ ਸਕਿਆ।
53195	1237	ਗੁਰਮੁਖਿ ਨਾਨਕ ਨਾਮੁ ਪਛਾਣਿਆ॥੩॥		Guramukh Naanak Naam Pashhaaniaa ||3||	The Gurmukh, O Nanak, realizes the Naam. ||3||	ਹੇ ਨਾਨਕ! ਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ ਹੀ (ਪ੍ਰਭੂ ਦਾ) ਨਾਮ (ਸਿਮਰਨ ਦਾ ਮਹਾਤਮ) ਸਮਝਿਆ ਜਾ ਸਕਦਾ ਹੈ ॥੩॥
53196	1237	ਪਉੜੀ॥		Pourree ||	Pauree:	
53197	1237	ਆਪੇ ਆਪਿ ਨਿਰੰਜਨਾ ਜਿਨਿ ਆਪੁ ਉਪਾਇਆ॥		Aapae Aap Niranjanaa Jin Aap Oupaaeiaa ||	The Immaculate Lord Himself, by Himself, created Himself.	ਮਾਇਆ-ਰਹਿਤ ਪ੍ਰਭੂ ਆਪ ਹੀ (ਜਗਤ ਦਾ ਮੂਲ) ਹੈ ਉਸਨੇ ਆਪਣੇ ਆਪ ਨੂੰ (ਜਗਤ ਦੇ ਰੂਪ ਵਿਚ) ਪਰਗਟ ਕੀਤਾ ਹੈ;
53198	1237	ਆਪੇ ਖੇਲੁ ਰਚਾਇਓਨੁ ਸਭੁ ਜਗਤੁ ਸਬਾਇਆ॥	ਜੱਗਤੁ	Aapae Khael Rachaaeioun Sabh Jagath Sabaaeiaa ||	He Himself created the whole drama of all the world's play.	ਇਹ ਸਾਰਾ ਹੀ ਜਗਤ-ਤਮਾਸ਼ਾ ਉਸ ਨੇ ਆਪ ਹੀ ਰਚਿਆ ਹੈ।

53199	1237	ਤ੍ਰੈ ਗੁਣ ਆਪਿ ਸਿਰਜਿਅਨੁ ਮਾਇਆ ਮੋਹੁ ਵਧਾਇਆ॥		Thrai Gun Aap Sirajian Maaeiaa Mohu Vadhhaaeiaa ||	He Himself formed the three gunas, the three qualities; He increased the attachment to Maya.	ਮਾਇਆ ਦੇ ਤਿੰਨ ਗੁਣ ਉਸ ਨੇ ਆਪ ਹੀ ਬਣਾਏ ਹਨ (ਤੇ ਜਗਤ ਵਿਚ) ਮਾਇਆ ਦਾ ਮੋਹ (ਭੀ ਉਸ ਨੇ ਆਪ ਹੀ) ਪ੍ਰਬਲ ਕੀਤਾ ਹੈ,
53200	1237	ਗੁਰ ਪਰਸਾਦੀ ਉਬਰੇ ਜਿਨ ਭਾਣਾ ਭਾਇਆ॥		Gur Parasaadhee Oubarae Jin Bhaanaa Bhaaeiaa ||	By Guru's Grace, they are saved - those who love the Will of God.	(ਇਸ ਤ੍ਰੈ-ਗੁਣੀ ਮਾਇਆ ਦੇ ਮੋਹ ਵਿਚੋਂ ਸਿਰਫ਼) ਉਹ (ਜੀਵ) ਬਚਦੇ ਹਨ ਜਿਨ੍ਹਾਂ ਨੂੰ ਸਤਿਗੁਰੂ ਦੀ ਕਿਰਪਾ ਨਾਲ (ਪ੍ਰਭੂ ਦੀ) ਰਜ਼ਾ ਮਿੱਠੀ ਲੱਗਦੀ ਹੈ।
53201	1237	ਨਾਨਕ ਸਚੁ ਵਰਤਦਾ ਸਭ ਸਚਿ ਸਮਾਇਆ॥੧॥		Naanak Sach Varathadhaa Sabh Sach Samaaeiaa ||1||	O Nanak, the True Lord is pervading everywhere; all are contained within the True Lord. ||1||	ਹੇ ਨਾਨਕ! ਸਦਾ ਕਾਇਮ ਰਹਿਣ ਵਾਲਾ ਪ੍ਰਭੂ (ਹਰ ਥਾਂ) ਮੌਜੂਦ ਹੈ, ਤੇ ਸਾਰੀ ਸ੍ਰਿਸ਼ਟੀ ਉਸ ਸਦਾ-ਥਿਰ ਵਿਚ ਟਿੱਕੀ ਹੋਈ ਹੈ (ਭਾਵ, ਉਸ ਦੇ ਹੁਕਮ ਦੇ ਅੰਦਰ ਰਹਿੰਦੀ ਹੈ) ॥੧॥
53202	1238	ਸਲੋਕ ਮਹਲਾ ੨॥		Salok Mehalaa 2 ||	Shalok, Second Mehl:	
53203	1238	ਆਪਿ ਉਪਾਏ ਨਾਨਕਾ ਆਪੇ ਰਖੈ ਵੇਕ॥		Aap Oupaaeae Naanakaa Aapae Rakhai Vaek ||	He Himself creates, O Nanak; He establishes the various creatures.	ਹੇ ਨਾਨਕ! ਪ੍ਰਭੂ ਆਪ (ਜੀਵਾਂ ਨੂੰ) ਪੈਦਾ ਕਰਦਾ ਹੈ ਤੇ ਆਪ ਹੀ (ਇਹਨਾਂ ਨੂੰ) ਵਖੋ ਵਖ (ਸੁਭਾਉ ਵਾਲੇ) ਰੱਖਦਾ ਹੈ;

53204	1238	ਮੰਦਾ ਕਿਸ ਨੋ ਆਖੀਐ ਜਾਂ ਸਭਨਾ ਸਾਹਿਬੁ ਏਕੁ॥		Mandhaa Kis No Aakheeai Jaan Sabhanaa Saahib Eaek ||	How can anyone be called bad? We have only One Lord and Master.	(ਪਰ) ਸਭ ਜੀਵਾਂ ਦਾ ਖਸਮ ਇਕ (ਆਪ) ਹੀ ਹੈ (ਇਸ ਵਾਸਤੇ) ਕਿਸੇ ਜੀਵ ਨੂੰ ਭੈੜਾ ਨਹੀਂ ਆਖਿਆ ਜਾ ਸਕਦਾ।
53205	1238	ਸਭਨਾ ਸਾਹਿਬੁ ਏਕੁ ਹੈ ਵੇਖੈ ਧੰਧੈ ਲਾਇ॥		Sabhanaa Saahib Eaek Hai Vaekhai Dhhandhhai Laae ||	There is One Lord and Master of all; He watches over all, and assigns all to their tasks.	ਪ੍ਰਭੂ ਆਪ ਹੀ ਸਭ ਜੀਵਾਂ ਦਾ ਖਸਮ ਹੈ, (ਆਪ ਹੀ ਜੀਵਾਂ ਨੂੰ) ਧੰਧੇ ਵਿਚ ਜੋੜ ਕੇ (ਆਪ ਹੀ) ਵੇਖ ਰਿਹਾ ਹੈ;
53206	1238	ਕਿਸੈ ਥੋੜਾ ਕਿਸੈ ਅਗਲਾ ਖਾਲੀ ਕੋਈ ਨਾਹਿ॥		Kisai Thhorraa Kisai Agalaa Khaalee Koee Naahi ||	Some have less, and some have more; no one is allowed to leave empty.	ਕੋਈ ਜੀਵ (ਮਾਇਆ ਦੇ ਧੰਧੇ ਤੋਂ) ਬਚਿਆ ਹੋਇਆ ਨਹੀਂ, ਕਿਸੇ ਨੂੰ ਥੋੜ੍ਹਾ ਤੇ ਕਿਸੇ ਨੂੰ ਬਹੁਤਾ (ਧੰਧਾ ਉਸ ਨੇ ਚਮੋੜਿਆ ਹੋਇਆ) ਹੈ।
53207	1238	ਆਵਹਿ ਨੰਗੇ ਜਾਹਿ ਨੰਗੇ ਵਿਚੇ ਕਰਹਿ ਵਿਥਾਰ॥		Aavehi Nangae Jaahi Nangae Vichae Karehi Vithhaar ||	Naked we come, and naked we go; in between, we put on a show.	(ਜੀਵ ਜਗਤ ਵਿਚ) ਖ਼ਾਲੀ-ਹੱਥ ਆਉਂਦੇ ਹਨ ਤੇ ਖ਼ਾਲੀ-ਹੱਥ (ਇਥੋਂ) ਤੁਰ ਜਾਂਦੇ ਹਨ, ਇਹ ਵੇਖ ਕੇ ਭੀ (ਮਾਇਆ ਦੇ) ਖਿਲਾਰ ਖਿਲਾਰੀ ਜਾਂਦੇ ਹਨ।
53208	1238	ਨਾਨਕ ਹੁਕਮੁ ਨ ਜਾਣੀਐ ਅਗੈ ਕਾਈ ਕਾਰ॥੧॥		Naanak Hukam N Jaaneeai Agai Kaaee Kaar ||1||	O Nanak, one who does not understand the Hukam of God's Command - what will he have to do in the world hereafter? ||1||	ਹੇ ਨਾਨਕ! (ਇਥੋਂ ਜਾ ਕੇ) ਪਰਲੋਕ ਵਿਚ ਕਿਹੜੀ ਕਾਰ (ਕਰਨ ਨੂੰ) ਮਿਲੇਗੀ-(ਇਸ ਸੰਬੰਧੀ ਪ੍ਰਭੂ ਦਾ) ਹੁਕਮ ਨਹੀਂ ਜਾਣਿਆ ਜਾ ਸਕਦਾ ॥੧॥
53209	1238	ਮਹਲਾ ੧॥		Mehalaa 1 ||	First Mehl:	

53210	1238	ਜਿਨਸਿ ਥਾਪਿ ਜੀਆਂ ਕਉ ਭੇਜੈ ਜਿਨਸਿ ਥਾਪਿ ਲੈ ਜਾਵੈ॥	(ਜਿਨਸਿ) ਪਦਾਰਥ	Jinas Thhaap Jeeaaan Ko Bhaejai Jinas Thhaap Lai Jaavai ||	He sends out the various created beings, and he calls back the various created beings again.	ਭਾਂਤ ਭਾਂਤ ਦੇ ਸਰੀਰ ਬਣਾ ਬਣਾ ਕੇ ਪ੍ਰਭੂ ਆਪ ਹੀ ਜੀਵਾਂ ਨੂੰ (ਜਗਤ ਵਿਚ) ਘੱਲਦਾ ਹੈ ਤੇ (ਫਿਰ ਇਥੋਂ) ਲੈ ਜਾਂਦਾ ਹੈ;
53211	1238	ਆਪੇ ਥਾਪਿ ਉਥਾਪੈ ਆਪੇ ਏਤੇ ਵੇਸ ਕਰਾਵੈ॥		Aapae Thhaap Outhhaapai Aapae Eaethae Vaes Karaavai ||	He himself establishes, and He Himself disestablishes. He fashions them in various forms.	ਪ੍ਰਭੂ ਆਪ ਹੀ ਪੈਦਾ ਕਰਦਾ ਹੈ ਆਪ ਹੀ ਨਾਸ ਕਰਦਾ ਹੈ, ਇਹ ਕਈ ਕਿਸਮਾਂ ਦੇ (ਜੀਵਾਂ ਦੇ) ਰੂਪ ਆਪ ਹੀ ਬਣਾਂਦਾ ਹੈ।
53212	1238	ਜੇਤੇ ਜੀਅ ਫਿਰਹਿ ਅਉਧੂਤੀ ਆਪੇ ਭਿਖਿਆ ਪਾਵੈ॥		Jaethae Jeea Firehi Aoudhhoothee Aapae Bhikhiaa Paavai ||	And all the human beings who wander around as beggars, He Himself gives in charity to them.	ਇਹ ਸਾਰੇ ਹੀ ਜੀਵ (ਜੋ ਜਗਤ ਵਿਚ) ਤੁਰਦੇ ਫਿਰਦੇ ਹਨ (ਇਹ ਸਾਰੇ ਪ੍ਰਭੂ ਦੇ ਦਰ ਦੇ) ਮੰਗਤੇ ਹਨ, ਪ੍ਰਭੂ ਆਪ ਹੀ ਇਹਨਾਂ ਨੂੰ ਖ਼ੈਰ ਪਾਂਦਾ ਹੈ।
53213	1238	ਲੇਖੈ ਬੋਲਣੁ ਲੇਖੈ ਚਲਣੁ ਕਾਇਤੁ ਕੀਚਹਿ ਦਾਵੇ॥		Laekhai Bolan Laekhai Chalan Kaaeith Keechehi Dhaavae ||	As it is recorded, the mortals speak, and as it is recorded, they walk. So why put on all this show?	ਹਰੇਕ ਜੀਵ ਦਾ ਬੋਲਣਾ ਚੱਲਣਾ ਗਿਣੇ-ਮਿਥੇ ਸਮੇ ਲਈ ਹੈ, ਕਾਹਦੇ ਲਈ ਇਹ ਮੱਲਾਂ ਮੱਲੀਆਂ ਜਾ ਰਹੀਆਂ ਹਨ?
53214	1238	ਮੂਲੁ ਮਤਿ ਪਰਵਾਣਾ ਏਹੋ ਨਾਨਕੁ ਆਖਿ ਸੁਣਾਏ॥		Mool Math Paravaanaa Eaeho Naanak Aakh Sunaaeae ||	This is the basis of intelligence; this is certified and approved. Nanak speaks and proclaims it.	ਨਾਨਕ ਆਖ ਕੇ ਸੁਣਾਂਦਾ ਹੈ ਕਿ ਅਕਲ ਦੀ ਮੰਨੀ-ਪ੍ਰਮੰਨੀ ਸਿਰੇ ਦੀ ਗੱਲ ਇਹੀ ਹੈ;

53215	1238	ਕਰਣੀ ਉਪਰਿ ਹੋਇ ਤਪਾਵਸੁ ਜੇ ਕੋ ਕਹੈ ਕਹਾਏ ॥੨॥		Karanee Oupar Hoe Thapaavas Jae Ko Kehai Kehaaeae ||2||	By past actions, each being is judged; what else can anyone say? ||2||	ਭਾਵੇਂ ਹੋਰ ਜੋ ਕੁਝ ਭੀ ਕੋਈ ਆਖੇ (ਪਿਆ ਆਖੇ, ਅਸਲ ਗੱਲ ਇਹ ਹੈ ਕਿ) ਹਰੇਕ ਦੇ ਆਪਣੇ ਕੀਤੇ ਕਰਮਾਂ ਅਨੁਸਾਰ ਨਿਬੇੜਾ ਹੁੰਦਾ ਹੈ ॥੨॥
53216	1238	ਪਉੜੀ॥		Pourree ||	Pauree:	
53217	1238	ਗੁਰਮੁਖਿ ਚਲਤੁ ਰਚਾਇਓਨੁ ਗੁਣ ਪਰਗਟੀ ਆਇਆ॥		Guramukh Chalath Rachaaeioun Gun Paragattee Aaeiaa ||	The Guru's Word makes the drama play itself out. Through virtue, this becomes evident.	(ਪ੍ਰਭੂ ਦੀ ਜਗਤ-ਰਚਨਾ ਵਿਚ) ਕੋਈ ਮਨੁੱਖ ਗੁਰੂ ਦੇ ਸਨਮੁਖ ਹੈ ਇਹ ਕੌਤਕ ਭੀ ਉਸ (ਪ੍ਰਭੂ) ਨੇ (ਹੀ) ਰਚਾਇਆ ਹੈ (ਗੁਰਮੁਖਿ ਮਨੁੱਖ ਵਿਚ ਪ੍ਰਭੂ ਨੇ ਆਪਣੇ) ਗੁਣ ਪਰਗਟ ਕੀਤੇ ਹਨ,
53218	1238	ਗੁਰਬਾਣੀ ਸਦ ਉਚਰੈ ਹਰਿ ਮੰਨਿ ਵਸਾਇਆ॥		Gurabaanee Sadh Oucharai Har Mann Vasaaeiaa ||	Whoever utters the Word of the Guru's Bani - the Lord is enshrined in his mind.	(ਜਿਨ੍ਹਾਂ ਦੀ ਬਰਕਤਿ ਨਾਲ ਉਹ ਗੁਰਮੁਖਿ) ਸਦਾ ਸਤਿਗੁਰੂ ਦੀ ਬਾਣੀ ਉਚਾਰਦਾ ਹੈ ਤੇ ਪ੍ਰਭੂ ਨੂੰ ਮਨ ਵਿਚ ਵਸਾਈ ਰੱਖਦਾ ਹੈ,
53219	1238	ਸਕਤਿ ਗਈ ਭ੍ਰਮੁ ਕਟਿਆ ਸਿਵ ਜੋਤਿ ਜਗਾਇਆ॥		Sakath Gee Bhram Kattiaa Siv Joth Jagaaeiaa ||	Maya's power is gone, and doubt is eradicated; awaken to the Light of the Lord.	ਉਸ ਦੇ ਅੰਦਰ ਰੱਬੀ ਜੋਤਿ ਜਗ ਪੈਂਦੀ ਹੈ, (ਉਸ ਦੇ ਅੰਦਰੋਂ) ਮਾਇਆ (ਦਾ ਹਨੇਰਾ) ਦੂਰ ਹੋ ਜਾਂਦਾ ਹੈ ਤੇ ਭਟਕਣਾ ਮੁੱਕ ਜਾਂਦੀ ਹੈ (ਭਾਵ, ਜ਼ਿੰਦਗੀ ਦੇ ਰਾਹ ਤੇ ਉਹ ਮਾਇਆ ਦੇ ਹਨੇਰੇ ਵਿਚ ਠੇਡੇ ਨਹੀਂ ਖਾਂਦਾ)।

53220	1238	ਜਿਨ ਕੈ ਪੋਤੈ ਪੁੰਨੁ ਹੈ ਗੁਰੁ ਪੁਰਖੁ ਮਿਲਾਇਆ॥		Jin Kai Pothai Punn Hai Gur Purakh Milaaeiaa ||	Those who hold onto goodness as their treasure meet the Guru, the Primal Being.	ਜਿਨ੍ਹਾਂ ਦੇ ਭਾਗਾਂ ਵਿਚ (ਪਿਛਲੀ ਕੀਤੀ) ਨੇਕ ਕਮਾਈ ਹੈ (ਉਹਨਾਂ ਨੂੰ ਪ੍ਰਭੂ) ਮਹਾਂ ਪੁਰਖ ਸਤਿਗੁਰੂ ਮਿਲਾ ਦੇਂਦਾ ਹੈ;
53221	1238	ਨਾਨਕ ਸਹਜੇ ਮਿਲਿ ਰਹੇ ਹਰਿ ਨਾਮਿ ਸਮਾਇਆ॥੨॥		Naanak Sehajae Mil Rehae Har Naam Samaaeiaa ||2||	O Nanak, they are intuitively absorbed and blended into the Name of the Lord. ||2||	ਤੇ, ਹੇ ਨਾਨਕ! ਉਹ ਆਤਮਕ ਅਡੋਲਤਾ ਵਿਚ ਟਿੱਕ ਕੇ (ਪ੍ਰਭੂ ਵਿਚ) ਮਿਲੇ ਰਹਿੰਦੇ ਹਨ, ਪ੍ਰਭੂ ਦੇ ਨਾਮ ਵਿਚ ਟਿਕੇ ਰਹਿੰਦੇ ਹਨ ॥੨॥
53222	1238	ਸਲੋਕ ਮਹਲਾ ੨॥		Salok Mehalaa 2 ||	Shalok, Second Mehl:	
53223	1238	ਸਾਹ ਚਲੇ ਵਣਜਾਰਿਆ ਲਿਖਿਆ ਦੇਵੈ ਨਾਲਿ॥		Saah Chalae Vanajaariaa Likhiaa Dhaevai Naal ||	The merchants come from the Banker; He sends the account of their destiny with them.	ਸ਼ਾਹ (-ਪ੍ਰਭੂ) ਦੇ (ਘੱਲੇ ਹੋਏ ਜੋ ਜੋ ਜੀਵ-) ਵਪਾਰੀ (ਸ਼ਾਹ ਪਾਸੋਂ) ਤੁਰ ਪੈਂਦੇ ਹਨ (ਤੇ ਇਥੇ ਜਗਤ ਵਿਚ ਆਉਂਦੇ ਹਨ, ਉਹਨਾਂ ਨੂੰ ਪ੍ਰਭੂ ਉਹਨਾਂ ਦੇ ਕੀਤੇ ਕਰਮਾਂ ਅਨੁਸਾਰ ਮੱਥੇ ਤੇ) ਲਿਖਿਆ ਹੋਇਆ ਲੇਖ ਨਾਲ ਦੇ ਕੇ ਤੋਰਦਾ ਹੈ।
53224	1238	ਲਿਖੇ ਉਪਰਿ ਹੁਕਮੁ ਹੋਇ ਲਈਐ ਵਸਤੁ ਸਮ੍ਹਾਲਿ॥		Likhae Oupar Hukam Hoe Leeai Vasath Samhaal ||	On the basis of their accounts, He issues the Hukam of His Command, and they are left to take care of their merchandise.	ਉਸ ਲਿਖੇ ਲੇਖ ਅਨੁਸਾਰ ਪ੍ਰਭੂ ਦਾ ਹੁਕਮ ਵਰਤਦਾ ਹੈ ਤੇ ਨਾਮ-ਰੂਪ ਵੱਖਰ ਸੰਭਾਲ ਲਈਦਾ ਹੈ।

53225	1238	ਵਸਤੁ ਲਈ ਵਣਜਾਰਈ ਵਖਰੁ ਬਧਾ ਪਾਇ॥	ਬੱਧਾ	Vasath Lee Vanajaaree Vakhar Badhhaa Paae ||	The merchants have purchased their merchandise and packed up their cargo.	ਜੋ ਮਨੁੱਖ ਨਾਮ ਦਾ ਵਣਜ ਕਰਦੇ ਹਨ ਉਹਨਾਂ ਨਾਮ-ਪਦਾਰਥ ਹਾਸਲ ਕਰ ਲਿਆ ਤੇ ਪ੍ਰਾਪਤ ਕਰ ਕੇ ਪੱਲੇ ਬੰਨ੍ਹ ਲਿਆ।
53226	1238	ਕੇਈ ਲਾਹਾ ਲੈ ਚਲੇ ਇਕਿ ਚਲੇ ਮੂਲੁ ਗਵਾਇ॥		Kaeee Laahaa Lai Chalae Eik Chalae Mool Gavaae ||	Some depart after having earned a good profit, while others leave, having lost their investment altogether.	ਕਈ (ਜੀਵ-ਵਪਾਰੀ ਇਥੋਂ) ਨਫ਼ਾ ਖੱਟ ਕੇ ਜਾਂਦੇ ਹਨ, ਪਰ ਕਈ ਅਸਲ ਰਾਸਿ-ਪੂੰਜੀ ਭੀ ਗਵਾ ਜਾਂਦੇ ਹਨ।
53227	1238	ਥੋੜਾ ਕਿਨੈ ਨ ਮੰਗਿਓ ਕਿਸੁ ਕਹੀਐ ਸਾਬਾਸਿ॥		Thhorraa Kinai N Mangiou Kis Keheeai Saabaas ||	No one asks to have less; who should be celebrated?	(ਦੋਹਾਂ ਧਿਰਾਂ ਵਿਚੋਂ) ਘੱਟ ਚੀਜ਼ ਕਿਸੇ ਨੇ ਨਹੀਂ ਮੰਗੀ (ਭਾਵ, ਨਾਮ-ਵਪਾਰੀਆਂ ਨੂੰ 'ਨਾਮ' ਬਹੁਤ ਪਿਆਰਾ ਲੱਗਦਾ ਹੈ ਤੇ ਮਾਇਆ-ਧਾਰੀ ਨੂੰ ਮਾਇਆ)। ਫਿਰ, ਇਹਨਾਂ ਵਿਚੋਂ ਸ਼ਾਬਾਸ਼ੇ ਕਿਸ ਨੇ ਖੱਟੀ (ਮਿਹਰ ਦੀ ਨਜ਼ਰ ਕਿਸੇ ਤੇ ਹੋਈ)?
53228	1238	ਨਦਰਿ ਤਿਨਾ ਕਉ ਨਾਨਕਾ ਜਿ ਸਾਬਤੁ ਲਾਏ ਰਾਸਿ॥੧॥		Nadhar Thinaa Ko Naanakaa J Saabath Laaeae Raas ||1||	The Lord casts His Glance of Grace, O Nanak, upon those who have preserved their capital investment. ||1||	ਮਿਹਰ ਦੀ ਨਜ਼ਰ, ਹੇ ਨਾਨਕ! ਉਹਨਾਂ ਤੇ ਹੋਈ ਜਿਨ੍ਹਾਂ ਨੇ (ਸੁਆਸਾਂ ਦੀ) ਸਾਰੀ ਰਾਸਿ-ਪੂੰਜੀ (ਨਾਮ ਦਾ ਵਪਾਰ ਕਰਨ ਵਿਚ) ਲਾ ਦਿੱਤੀ ॥੧॥
53229	1238	ਮਹਲਾ ੧॥		Mehalaa 1 ||	First Mehl:	

53230	1238	ਜੁੜਿ ਜੁੜਿ ਵਿਛੁੜੇ ਵਿਛੁੜਿ ਜੁੜੇ॥		Jurr Jurr Vishhurrae Vishhurr Jurrae ||	United, the united separate, and separated, they unite again.	ਆਤਮਾ ਤੇ ਸਰੀਰ ਇਕੱਠੇ ਹੋ ਕੇ ਵਿੱਛੁੜ ਜਾਂਦੇ ਹਨ, ਵਿੱਛੁੜ ਕੇ ਫਿਰ ਮਿਲਦੇ ਹਨ,
53231	1238	ਜੀਵਿ ਜੀਵਿ ਮੁਏ ਮੁਏ ਜੀਵੇ॥		Jeev Jeev Mueae Mueae Jeevae ||	Living, the living die, and dying, they live again.	(ਭਾਵ) ਜੀਵ ਜੰਮਦੇ ਹਨ ਮਰਦੇ ਹਨ, ਮਰਦੇ ਹਨ ਫਿਰ ਜੰਮਦੇ ਹਨ।
53232	1238	ਕੇਤਿਆ ਕੇ ਬਾਪ ਕੇਤਿਆ ਕੇ ਬੇਟੇ ਕੇਤੇ ਗੁਰ ਚੇਲੇ ਹੂਏ॥		Kaethiaa Kae Baap Kaethiaa Kae Baettae Kaethae Gur Chaelae Hooeae ||	They become the fathers of many, and the sons of many; they become the gurus of many, and the disciples.	(ਇਹ ਜੰਮਣ ਮਰਨ ਦਾ ਸਿਲਸਿਲਾ ਇਤਨਾ ਲੰਮਾ ਹੁੰਦਾ ਹੈ ਕਿ ਜੀਵ ਇਸ ਗੇੜ ਵਿਚ) ਕਈਆਂ ਦੇ ਪਿਉ ਤੇ ਕਈਆਂ ਦੇ ਪੁੱਤਰ ਬਣਦੇ ਹਨ, ਕਈ (ਵਾਰੀ) ਗੁਰੂ ਤੇ ਚੇਲੇ ਬਣਦੇ ਹਨ।
53233	1238	ਆਗੈ ਪਾਛੈ ਗਣਤ ਨ ਆਵੈ ਕਿਆ ਜਾਤੀ ਕਿਆ ਹੁਣਿ ਹੂਏ॥		Aagai Paashhai Ganath N Aavai Kiaa Jaathee Kiaa Hun Hooeae ||	No account can be made of the future or the past; who knows what shall be, or what was?	ਇਹ ਲੇਖਾ ਗਿਣਿਆ ਨਹੀਂ ਜਾ ਸਕਦਾ ਕਿ ਜੋ ਕੁਝ ਅਸੀਂ ਹੁਣ ਐਸ ਵੇਲੇ ਹਾਂ ਇਸ ਤੋਂ ਪਹਿਲਾਂ ਅਸਾਡਾ ਕੀਹ ਜਨਮ ਸੀ ਤੇ ਅਗਾਂਹ ਕੀਹ ਹੋਵੇਗਾ।
53234	1238	ਸਭੁ ਕਰਣਾ ਕਿਰਤੁ ਕਰਿ ਲਿਖੀਐ ਕਰਿ ਕਰਿ ਕਰਤਾ ਕਰੇ ਕਰੇ॥		Sabh Karanaa Kirath Kar Likheeai Kar Kar Karathaa Karae Karae ||	All the actions and events of the past are recorded; the Doer did, He does, and He will do.	ਪਰ ਇਹ ਸਾਰਾ ਜਗਤ (-ਰਚਨਾ-ਰੂਪ ਲੇਖਾ ਜੋ ਲਿਖਿਆ ਜਾ ਰਿਹਾ ਹੈ ਇਹ ਜੀਵਾਂ ਦੇ) ਕੀਤੇ ਕਰਮਾਂ ਅਨੁਸਾਰ ਲਿਖਿਆ ਜਾਂਦਾ ਹੈ, ਕਰਤਾਰ ਇਹ ਖੇਡ ਇਸ ਤਰ੍ਹਾਂ ਖੇਡੀ ਜਾ ਰਿਹਾ ਹੈ।

53235	1238	ਮਨਮੁਖਿ ਮਰੀਐ ਗੁਰਮੁਖਿ ਤਰੀਐ ਨਾਨਕ ਨਦਰੀ ਨਦਰਿ ਕਰੇ॥੨॥		Manamukh Mareeai Guramukh Thareeai Naanak Nadharee Nadhar Karae ||2||	The self-willed manmukh dies, while the Gurmukh is saved; O Nanak, the Gracious Lord bestows His Glance of Grace. ||2||	ਮਨਮੁਖ ਇਸ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ ਤੇ ਗੁਰਮੁਖਿ ਇਸ ਵਿਚੋਂ ਪਾਰ ਲੰਘ ਜਾਂਦਾ ਹੈ ਕਿਉਂਕਿ, ਹੇ ਨਾਨਕ! ਮਿਹਰ ਦਾ ਮਾਲਕ ਪ੍ਰਭੂ ਉਸ ਉਤੇ ਮਿਹਰ ਦੀ ਨਜ਼ਰ ਕਰਦਾ ਹੈ ॥੨॥
53236	1238	ਪਉੜੀ॥		Pourree ||	Pauree:	
53237	1238	ਮਨਮੁਖਿ ਦੂਜਾ ਭਰਮੁ ਹੈ ਦੂਜੈ ਲੋਭਾਇਆ॥		Manamukh Dhoojaa Bharam Hai Dhoojai Lobhaaeiaa ||	The self-willed manmukh wanders in duality, lured and enticed by duality.	ਮਨ ਦੇ ਮੁਰੀਦ ਮਨੁੱਖਾਂ ਨੂੰ ਹੋਰ ਪਾਸੇ ਦੀ ਲਟਕ ਲੱਗ ਜਾਂਦੀ ਹੈ, ਉਹਨਾਂ ਨੂੰ ਹੋਰ ਪਾਸੇ ਨੇ ਭਰਮਾ ਲਿਆ ਹੁੰਦਾ ਹੈ,
53238	1238	ਕੂੜੁ ਕਪਟੁ ਕਮਾਵਦੇ ਕੂੜੋ ਆਲਾਇਆ॥		Koorr Kapatt Kamaavadhae Koorro Aalaaeiaa ||	He practices falsehood and deception, telling lies.	ਉਹ ਝੂਠ ਤੇ ਠੱਗੀ ਕਮਾਂਦੇ ਹਨ ਤੇ ਝੂਠ ਹੀ (ਮੂੰਹੋਂ) ਬੋਲਦੇ ਹਨ;
53239	1238	ਪੁਤ੍ਰ ਕਲਤ੍ਰ ਮੋਹੁ ਹੇਤੁ ਹੈ ਸਭੁ ਦੁਖੁ ਸਬਾਇਆ॥	ਕ-ਲੱਤ੍ਰ	Puthr Kalathra Mohu Haeth Hai Sabh Dhukh Sabaaeiaa ||	Love and attachment to children and spouse is total misery and pain.	(ਉਹਨਾਂ ਦੇ ਮਨ ਵਿਚ) ਪੁਤ੍ਰਾਂ ਦਾ ਮੋਹ-ਪਿਆਰ (ਵੱਸਦਾ ਹੈ) (ਉਹਨਾਂ ਦੇ ਮਨ ਵਿਚ) ਇਸਤ੍ਰੀ (ਵੱਸਦੀ) ਹੈ (ਤੇ ਇਹ ਰਸਤਾ) ਨਿਰੋਲ ਦੁੱਖ ਦਾ (ਮੂਲ) ਹੈ;

53240	1238	ਜਮ ਦਰਿ ਬਧੇ ਮਾਰੀਅਹਿ ਭਰਮਹਿ ਭਰਮਾਇਆ॥		Jam Dhar Badhhae Maareeahi Bharamehi Bharamaaeiaa ||	He is gagged and bound at the door of the Messenger of Death; he dies, and wanders lost in reincarnation.	(ਰੱਬ ਵਲੋਂ) ਭਰਮ ਵਿਚ ਪਾਏ ਹੋਏ (ਮਨਮੁਖ) ਠੇਡੇ ਖਾਂਦੇ ਹਨ, (ਮਾਨੋ) ਜਮ ਦੇ ਬੂਹੇ ਤੇ ਬੱਧੇ ਹੋਏ ਕੁੱਟ ਖਾ ਰਹੇ ਹਨ।
53241	1238	ਮਨਮੁਖਿ ਜਨਮੁ ਗਵਾਇਆ ਨਾਨਕ ਹਰਿ ਭਾਇਆ॥੩॥		Manamukh Janam Gavaaeiaa Naanak Har Bhaaeiaa ||3||	The self-willed manmukh wastes his life; Nanak loves the Lord. ||3||	ਹੇ ਨਾਨਕ! ਮਨ ਦੇ ਮੁਰੀਦ ਮਨੁੱਖ (ਆਪਣੀ) ਜ਼ਿੰਦਗੀ ਅਜਾਈਂ ਗਵਾ ਲੈਂਦੇ ਹਨ, ਪ੍ਰਭੂ ਨੂੰ ਏਵੇਂ ਹੀ ਭਾਉਂਦਾ ਹੈ ॥੩॥
53242	1238	ਸਲੋਕ ਮਹਲਾ ੨॥		Salok Mehalaa 2 ||	Shalok, Second Mehl:	
53243	1238	ਜਿਨ ਵਡਿਆਈ ਤੇਰੇ ਨਾਮ ਕੀ ਤੇ ਰਤੇ ਮਨ ਮਾਹਿ॥	ਰੱਤੇ	Jin Vaddiaaee Thaerae Naam Kee Thae Rathae Man Maahi ||	Those who are blessed with the glorious greatness of Your Name - their minds are imbued with Your Love.	(ਹੇ ਪ੍ਰਭੂ!) ਜਿਨ੍ਹਾਂ ਮਨੁੱਖਾਂ ਨੂੰ ਤੇਰੇ ਨਾਮ ਦੀ ਸੋਭਾ (ਕਰਨ ਦੀ ਸੁਭਾਗਤਾ) ਮਿਲੀ ਹੈ ਉਹ ਮਨੁੱਖ ਆਪਣੇ ਮਨ ਵਿਚ (ਤੇਰੇ ਨਾਮ ਦੇ ਰੰਗ ਨਾਲ) ਰੰਗੇ ਰਹਿੰਦੇ ਹਨ।
53244	1238	ਨਾਨਕ ਅੰਮ੍ਰਿਤੁ ਏਕੁ ਹੈ ਦੂਜਾ ਅੰਮ੍ਰਿਤੁ ਨਾਹਿ॥		Naanak Anmrith Eaek Hai Dhoojaa Anmrith Naahi ||	O Nanak, there is only One Ambrosial Nectar; there is no other nectar at all.	ਹੇ ਨਾਨਕ! (ਉਹਨਾਂ ਲਈ) ਇਕ ਨਾਮ ਹੀ ਅੰਮ੍ਰਿਤ ਹੈ ਹੋਰ ਕਿਸੇ ਚੀਜ਼ ਨੂੰ ਉਹ ਅੰਮ੍ਰਿਤ ਨਹੀਂ ਮੰਨਦੇ।

53245	1238	ਨਾਨਕ ਅੰਮ੍ਰਿਤੁ ਮਨੈ ਮਾਹਿ ਪਾਈਐ ਗੁਰ ਪਰਸਾਦਿ॥	ਪਰ-ਸਾਦਿ	Naanak Anmrith Manai Maahi Paaeeai Gur Parasaadh ||	O Nanak, the Ambrosial Nectar is obtained within the mind, by Guru's Grace.	ਹੇ ਨਾਨਕ! (ਇਹ ਨਾਮ) ਅੰਮ੍ਰਿਤ (ਹਰੇਕ ਮਨੁੱਖ ਦੇ) ਮਨ ਵਿਚ ਹੀ ਹੈ, ਪਰ ਮਿਲਦਾ ਹੈ ਗੁਰੂ ਦੀ ਕਿਰਪਾ ਨਾਲ;
53246	1238	ਤਿਨ੍ਹੀ ਪੀਤਾ ਰੰਗ ਸਿਉ ਜਿਨ੍ ਕਉ ਲਿਖਿਆ ਆਦਿ॥੧॥		Thinhee Peethaa Rang Sio Jinh Ko Likhiaa Aadh ||1||	They alone drink it in with love, who have such pre-ordained destiny. ||1||	ਜਿਨ੍ਹਾਂ ਦੇ ਭਾਗਾਂ ਵਿਚ ਧੁਰੋਂ ਲਿਖਿਆ ਹੋਇਆ ਹੈ; ਉਹਨਾਂ ਨੇ ਹੀ ਸੁਆਦ ਨਾਲ ਪੀਤਾ ਹੈ ॥੧॥
53247	1239	ਮਹਲਾ ੨॥		Mehalaa 2 ||	Second Mehl:	
53248	1239	ਕੀਤਾ ਕਿਆ ਸਾਲਾਹੀਐ ਕਰੇ ਸੋਇ ਸਾਲਾਹਿ॥		Keethaa Kiaa Saalaaheeai Karae Soe Saalaahi ||	Why praise the created being? Praise the One who created all.	ਪੈਦਾ ਕੀਤੇ ਹੋਏ ਜੀਵ ਦੀ ਵਡਿਆਈ ਕਰਨ ਦਾ ਕੀਹ ਲਾਭ? ਉਸ (ਪ੍ਰਭੂ) ਦੀ ਸਿਫ਼ਤ-ਸਾਲਾਹ ਕਰੋ ਜੋ (ਸਭ ਨੂੰ ਪੈਦਾ) ਕਰਦਾ ਹੈ;
53249	1239	ਨਾਨਕ ਏਕੀ ਬਾਹਰਾ ਦੂਜਾ ਦਾਤਾ ਨਾਹਿ॥		Naanak Eaekee Baaharaa Dhoojaa Dhaathaa Naahi ||	O Nanak, there is no other Giver, except the One Lord.	(ਕਿਉਂਕਿ) ਹੇ ਨਾਨਕ! ਉਸ ਇਕ ਪ੍ਰਭੂ ਤੋਂ ਬਿਨਾ ਹੋਰ ਕੋਈ ਦਾਤਾ ਨਹੀਂ ਹੈ।
53250	1239	ਕਰਤਾ ਸੋ ਸਾਲਾਹੀਐ ਜਿਨਿ ਕੀਤਾ ਆਕਾਰੁ॥		Karathaa So Saalaaheeai Jin Keethaa Aakaar ||	Praise the Creator Lord, who created the creation.	ਜਿਸ ਕਰਤਾਰ ਨੇ ਇਹ ਸਾਰਾ ਜਗਤ ਬਣਾਇਆ ਹੈ ਉਸ ਦੀ ਵਡਿਆਈ ਕਰੋ,

53251	1239	ਦਾਤਾ ਸੋ ਸਾਲਾਹੀਐ ਜਿ ਸਭਸੈ ਦੇ ਆਧਾਰੁ॥		Dhaathaa So Saalaaheeai J Sabhasai Dhae Aadhhaar ||	Praise the Great Giver, who gives sustenence to all.	ਉਸ ਇਕ ਦਾਤਾਰ ਦੇ ਗੁਣ ਗਾਓ ਜੋ ਹਰੇਕ ਜੀਵ ਨੂੰ ਆਸਰਾ ਦੇਂਦਾ ਹੈ।
53252	1239	ਨਾਨਕ ਆਪਿ ਸਦੀਵ ਹੈ ਪੂਰਾ ਜਿਸੁ ਭੰਡਾਰੁ॥		Naanak Aap Sadheev Hai Pooraa Jis Bhanddaar ||	O Nanak, the treasure of the Eternal Lord is over-flowing.	ਹੇ ਨਾਨਕ! ਉਹ ਪ੍ਰਭੂ ਆਪ ਸਦਾ ਹੀ ਕਾਇਮ ਰਹਿਣ ਵਾਲਾ ਹੈ, ਉਸਦਾ ਖ਼ਜ਼ਾਨਾ ਭੀ ਸਦਾ ਭਰਿਆ ਰਹਿੰਦਾ ਹੈ।
53253	1239	ਵਡਾ ਕਰਿ ਸਾਲਾਹੀਐ ਅੰਤੁ ਨ ਪਾਰਾਵਾਰੁ॥੨॥		Vaddaa Kar Saalaaheeai Anth N Paaraavaar ||2||	Praise and honor the One, who has no end or limitation. ||2||	ਉਸ ਨੂੰ ਵੱਡਾ ਆਖੋ, ਉਸ ਦੀ ਵਡਿਆਈ ਕਰੋ, ਉਸ (ਦੀ ਵਡਿਆਈ) ਦਾ ਅੰਤ ਨਹੀਂ ਪੈ ਸਕਦਾ, ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ ॥੨॥
53254	1239	ਪਉੜੀ॥		Pourree ||	Pauree:	
53255	1239	ਹਰਿ ਕਾ ਨਾਮੁ ਨਿਧਾਨੁ ਹੈ ਸੇਵਿਐ ਸੁਖੁ ਪਾਈ॥		Har Kaa Naam Nidhhaan Hai Saeviai Sukh Paaee ||	The Name of the Lord is a treasure. Serving it, peace is obtained.	ਪਰਮਾਤਮਾ ਦਾ ਨਾਮ (ਸਾਰੇ ਸੁਖਾਂ ਦਾ) ਖ਼ਜ਼ਾਨਾ ਹੈ, ਜੇ ਨਾਮ ਸਿਮਰੀਏ ਤਾਂ ਸੁਖ ਮਿਲਦਾ ਹੈ।
53256	1239	ਨਾਮੁ ਨਿਰੰਜਨ ਉਚਰਾਂ ਪਤਿ ਸਿਉ ਘਰਿ ਜਾਂਈ॥	ਉੱਚਰਾਂ	Naam Niranjan Oucharaan Path Sio Ghar Jaanee ||	I chant the Name of the Immaculate Lord, so that I may go home with honor.	ਮੈਂ ਮਾਇਆ-ਰਹਿਤ ਪ੍ਰਭੂ ਦਾ ਨਾਮ ਸਿਮਰਾਂ ਤੇ ਇੱਜ਼ਤ ਨਾਲ (ਆਪਣੇ) ਘਰ ਵਿਚ ਜਾਵਾਂ-

53257	1239	ਗੁਰਮੁਖਿ ਬਾਣੀ ਨਾਮੁ ਹੈ ਨਾਮੁ ਰਿਦੈ ਵਸਾਈ॥		Guramukh Baanee Naam Hai Naam Ridhai Vasaaee ||	The Word of the Gurmukh is the Naam; I enshrine the Naam within my heart.	(ਗੁਰਮੁਖ ਦੀ ਸਦਾ ਇਹੀ ਤਾਂਘ ਹੁੰਦੀ ਹੈ) ਗੁਰਮੁਖ ਸਦਾ ਨਾਮ ਹੀ ਉਚਾਰਦਾ ਹੈ ਤੇ ਨਾਮ ਨੂੰ ਹਿਰਦੇ ਵਿਚ ਵਸਾਂਦਾ ਹੈ।
53258	1239	ਮਤਿ ਪੰਖੇਰੂ ਵਸਿ ਹੋਇ ਸਤਿਗੁਰੂ ਧਿਆਈਂ॥	ਵੱਸਿ	Math Pankhaeroo Vas Hoe Sathiguroo Dhhiaaeanaee ||	The bird of the intellect comes under one's control, by meditating on the True Guru.	(ਜਿਉਂ ਜਿਉਂ) ਗੁਰੂ ਦੀ ਰਾਹੀਂ (ਗੁਰਮੁਖਿ) ਨਾਮ ਸਿਮਰਦਾ ਹੈ, ਪੰਛੀ (ਵਾਂਗ ਉਡਾਰੂ ਇਹ) ਮੱਤ (ਉਸ ਦੇ) ਵੱਸ ਵਿਚ ਆ ਜਾਂਦੀ ਹੈ।
53259	1239	ਨਾਨਕ ਆਪਿ ਦਇਆਲੁ ਹੋਇ ਨਾਮੇ ਲਿਵ ਲਾਈ॥੪॥		Naanak Aap Dhaeiaal Hoe Naamae Liv Laaee ||4||	O Nanak, if the Lord becomes merciful, the mortal lovingly tunes in to the Naam. ||4||	ਹੇ ਨਾਨਕ! (ਗੁਰਮੁਖ ਉਤੇ) ਪ੍ਰਭੂ ਆਪ ਦਿਆਲ ਹੁੰਦਾ ਹੈ ਤੇ ਉਹ ਨਾਮ ਵਿਚ ਹੀ ਲਿਵ ਲਾਈ ਰੱਖਦਾ ਹੈ ॥੪॥
53260	1239	ਸਲੋਕ ਮਹਲਾ ੨॥		Salok Mehalaa 2 ||	Shalok, Second Mehl:	
53261	1239	ਤਿਸੁ ਸਿਉ ਕੈਸਾ ਬੋਲਣਾ ਜਿ ਆਪੇ ਜਾਣੈ ਜਾਣੁ॥		This Sio Kaisaa Bolanaa J Aapae Jaanai Jaan ||	How can we speak of Him? Only He knows Himself.	ਜੋ ਅੰਤਰਜਾਮੀ ਪ੍ਰਭੂ ਆਪ ਹੀ (ਹਰੇਕ ਦੇ ਦਿਲ ਦੀ) ਜਾਣਦਾ ਹੈ ਉਸ ਦੇ ਅੱਗੇ ਬੋਲਣਾ ਫਬਦਾ ਨਹੀਂ (ਭਾਵ, ਉਸ ਅੱਗੇ ਬੋਲਿਆ ਨਹੀਂ ਜਾ ਸਕਦਾ),
53262	1239	ਚੀਰੀ ਜਾ ਕੀ ਨਾ ਫਿਰੈ ਸਾਹਿਬੁ ਸੋ ਪਰਵਾਣੁ॥	ਪਰ-ਵਾਣੁ	Cheeree Jaa Kee Naa Firai Saahib So Paravaan ||	His decree cannot be challenged; He is our Supreme Lord and Master.	ਉਹ ਮੰਨਿਆ ਪ੍ਰਮੰਨਿਆ ਮਾਲਕ ਹੈ ਕਿਉਂਕਿ ਉਸ ਦਾ ਹੁਕਮ ਕੋਈ ਮੋੜ ਨਹੀਂ ਸਕਦਾ।

53263	1239	ਚੀਰੀ ਜਿਸ ਕੀ ਚਲਣਾ ਮੀਰ ਮਲਕ ਸਲਾਰ॥		Cheeree Jis Kee Chalanaa Meer Malak Salaar ||	By His Decree, even kings, nobles and commanders must step down.	ਪਾਤਸ਼ਾਹ ਮਾਲਕ ਤੇ ਫ਼ੌਜਾਂ ਦੇ ਸਰਦਾਰ ਸਭ ਨੂੰ ਉਸ ਦੇ ਹੁਕਮ ਵਿਚ ਤੁਰਨਾ ਪੈਂਦਾ ਹੈ,
53264	1239	ਜੋ ਤਿਸੁ ਭਾਵੈ ਨਾਨਕਾ ਸਾਈ ਭਲੀ ਕਾਰ॥	ਸਾਂਈਂ	Jo This Bhaavai Naanakaa Saaee Bhalee Kaar ||	Whatever is pleasing to His Will, O Nanak, is a good deed.	(ਇਸ ਵਾਸਤੇ) ਹੇ ਨਾਨਕ! ਉਹੀ ਕੰਮ ਚੰਗਾ (ਮੰਨਣਾ ਚਾਹੀਦਾ) ਹੈ ਜੋ ਉਸ ਪ੍ਰਭੂ ਨੂੰ ਚੰਗਾ ਲੱਗਦਾ ਹੈ।
53265	1239	ਜਿਨ੍ਹਾ ਚੀਰੀ ਚਲਣਾ ਹਥਿ ਤਿਨ੍ਹਾ ਕਿਛੁ ਨਾਹਿ॥		Jinhaa Cheeree Chalanaa Hathh Thinhaa Kishh Naahi ||	By His Decree, we walk; nothing rests in our hands.	ਇਹਨਾਂ ਜੀਵਾਂ ਦੇ ਵੱਸ ਵਿਚ ਕੁਝ ਨਹੀਂ ਕਿਉਂਕਿ ਇਹਨਾਂ ਨੇ ਤਾਂ ਉਸ ਦੇ ਹੁਕਮ ਵਿਚ ਹੀ ਤੁਰਨਾ ਹੈ,
53266	1239	ਸਾਹਿਬ ਕਾ ਫੁਰਮਾਣੁ ਹੋਇ ਉਠੀ ਕਰਲੈ ਪਾਹਿ॥	(ਕਰਲੈ) ਰਸਤੇ	Saahib Kaa Furamaan Hoe Outhee Karalai Paahi ||	When the Order comes from our Lord and Master, all must rise up and take to the road.	(ਜਿਸ ਵੇਲੇ) ਮਾਲਕ ਦਾ ਹੁਕਮ ਹੁੰਦਾ ਹੈ (ਇਹ ਜੀਵ) ਉੱਠ ਕੇ ਰਾਹੇ ਪੈ ਜਾਂਦੇ ਹਨ।
53267	1239	ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ॥		Jaehaa Cheeree Likhiaa Thaehaa Hukam Kamaahi ||	As His Decree is issued, so is His Command obeyed.	ਜਿਹੋ ਜਿਹਾ ਹੁਕਮ ਲਿਖਿਆ ਹੋਇਆ ਆਉਂਦਾ ਹੈ, (ਜੀਵ) ਉਸੇ ਤਰ੍ਹਾਂ ਹੁਕਮ ਦੀ ਪਾਲਣਾ ਕਰਦੇ ਹਨ।

53268	1239	ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ॥੧॥	ਘੱਲੇ,ਸੱਦੇ	Ghalae Aavehi Naanakaa Sadhae Outhee Jaahi ||1||	Those who are sent, come, O Nanak; when they are called back, they depart and go. ||1||	ਹੇ ਨਾਨਕ! (ਉਸ ਮਾਲਕ ਦੇ) ਭੇਜੇ ਹੋਏ (ਇਥੇ ਜਗਤ ਵਿਚ) ਆ ਜਾਂਦੇ ਹਨ ਤੇ ਉਸ ਦੇ ਬੁਲਾਏ ਹੋਏ (ਇਥੋਂ) ਉੱਠ ਕੇ ਤੁਰ ਪੈਂਦੇ ਹਨ ॥੧॥
53269	1239	ਮਹਲਾ ੨॥		Mehalaa 2 ||	Second Mehl:	
53270	1239	ਸਿਫਤਿ ਜਿਨਾ ਕਉ ਬਖਸੀਐ ਸੇਈ ਪੋਤੇਦਾਰ॥		Sifath Jinaa Ko Bakhaseeai Saeee Pothaedhaar ||	Those whom the Lord blesses with His Praises, are the true keepers of the treasure.	ਉਹੀ ਮਨੁੱਖ ਅਸਲ ਖ਼ਜ਼ਾਨਿਆਂ ਦੇ ਮਾਲਕ ਹਨ, ਜਿਨ੍ਹਾਂ ਨੂੰ ਪ੍ਰਭੂ ਦੀ ਸਿਫ਼ਤ-ਸਾਲਾਹ (ਪ੍ਰਭੂ ਦੇ ਦਰ ਤੋਂ) ਬਖ਼ਸ਼ੀਸ਼ ਵਜੋਂ ਮਿਲੀ ਹੈ;
53271	1239	ਕੁੰਜੀ ਜਿਨ ਕਉ ਦਿਤੀਆ ਤਿਨ੍ਹਾ ਮਿਲੇ ਭੰਡਾਰ॥		Kunjee Jin Ko Dhitheeaa Thinhaa Milae Bhanddaar ||	Those who are blessed with the key - they alone receive the treasure.	ਜਿਨ੍ਹਾਂ ਨੂੰ ਪ੍ਰਭੂ (ਨਾਮ ਦੇ ਖ਼ਜ਼ਾਨੇ ਦੀ) ਕੁੰਜੀ ਆਪ ਦੇਂਦਾ ਹੈ ਉਹਨਾਂ ਨੂੰ (ਸਿਫ਼ਤ-ਸਾਲਾਹ ਦੇ) ਖ਼ਜ਼ਾਨਿਆਂ ਦੇ ਖ਼ਜ਼ਾਨੇ ਮਿਲ ਜਾਂਦੇ ਹਨ।
53272	1239	ਜਹ ਭੰਡਾਰੀ ਹੂ ਗੁਣ ਨਿਕਲਹਿ ਤੇ ਕੀਅਹਿ ਪਰਵਾਣੁ॥		Jeh Bhanddaaree Hoo Gun Nikalehi Thae Keeahi Paravaan ||	That treasure, from which virtue wells up - that treasure is approved.	(ਫਿਰ ਇਸ ਸਿਫ਼ਤ-ਸਾਲਾਹ ਦੀ ਬਰਕਤਿ ਨਾਲ) ਜਿਨ੍ਹਾਂ (ਹਿਰਦੇ-ਰੂਪ) ਖ਼ਜ਼ਾਨਿਆਂ ਵਿਚੋਂ (ਪ੍ਰਭੂ ਦੇ) ਗੁਣ ਨਿਕਲਦੇ ਹਨ ਉਹ (ਪ੍ਰਭੂ ਦੇ ਦਰ ਤੇ) ਕਬੂਲ ਕੀਤੇ ਜਾਂਦੇ ਹਨ।
53273	1239	ਨਦਰਿ ਤਿਨ੍ਹਾ ਕਉ ਨਾਨਕਾ ਨਾਮੁ ਜਿਨ੍ਹਾ ਨੀਸਾਣੁ॥੨॥		Nadhar Thinhaa Ko Naanakaa Naam Jinhaa Neesaan ||2||	Those who are blessed by His Glance of Grace, O Nanak, bear the Insignia of the Naam. ||2||	ਹੇ ਨਾਨਕ! ਜਿਨ੍ਹਾਂ ਦੇ ਪਾਸ ਪ੍ਰਭੂ ਦਾ ਨਾਮ (-ਰੂਪ) ਝੰਡਾ ਹੈ, ਉਹਨਾਂ ਉਤੇ ਮਿਹਰ ਦੀ ਨਿਗਾਹ ਹੁੰਦੀ ਹੈ ॥੨॥

53274	1239	ਪਉੜੀ॥		Pourree ||	Pauree:	
53275	1239	ਨਾਮੁ ਨਿਰੰਜਨੁ ਨਿਰਮਲਾ ਸੁਣਿਐ ਸੁਖੁ ਹੋਈ॥		Naam Niranjan Niramalaa Suniai Sukh Hoee ||	The Naam, the Name of the Lord, is immaculate and pure; hearing it, peace is obtained.	(ਪ੍ਰਭੂ ਦਾ) ਨਾਮ ਮਾਇਆ (ਦੇ ਪ੍ਰਭਾਵ ਤੋਂ) ਰਹਿਤ ਹੈ ਤੇ ਪਵਿਤ੍ਰ ਹੈ, ਜੇ ਇਹ ਨਾਮ ਸੁਣੀਏ, ਤਾਂ ਸੁਖ (ਪ੍ਰਾਪਤ) ਹੁੰਦਾ ਹੈ,
53276	1239	ਸੁਣਿ ਸੁਣਿ ਮੰਨਿ ਵਸਾਈਐ ਬੂਝੈ ਜਨੁ ਕੋਈ॥		Sun Sun Mann Vasaaeeai Boojhai Jan Koee ||	Listening and hearing, It is enshrined in the mind; how rare is that humble being who realizes it.	(ਭਾਵ, ਜੇ ਇਸ ਨਾਮ ਵਿਚ ਸੁਰਤ ਜੋੜੀਏ) ਤੇ ਸੁਰਤ ਜੋੜ ਜੋੜ ਕੇ ਮਨ ਵਿਚ ਵਸਾ ਲਈਏ (ਤਾਂ ਸੁਖ ਮਿਲਦਾ ਹੈ ਪਰ) ਕੋਈ ਵਿਰਲਾ ਮਨੁੱਖ (ਇਸ ਗੱਲ ਨੂੰ) ਸਮਝਦਾ ਹੈ।
53277	1239	ਬਹਦਿਆ ਉਠਦਿਆ ਨ ਵਿਸਰੈ ਸਾਚਾ ਸਚੁ ਸੋਈ॥	ਬਹ-ਦਿਆ	Behadhiaa Outhadhiaa N Visarai Saachaa Sach Soee ||	Sitting down and standing up, I shall never forget Him, the Truest of the true.	(ਜੋ ਗੁਰਮੁਖ ਇਹ ਗੱਲ ਸਮਝ ਲੈਂਦਾ ਹੈ ਉਸ ਨੂੰ) ਉਹ ਸਦਾ ਕਾਇਮ ਰਹਿਣ ਵਾਲਾ ਸੱਚਾ ਪ੍ਰਭੂ ਬੈਠਦਿਆਂ ਉੱਠਦਿਆਂ ਕਦੇ ਭੀ ਭੁੱਲਦਾ ਨਹੀਂ ਹੈ;
53278	1239	ਭਗਤਾ ਕਉ ਨਾਮ ਅਧਾਰੁ ਹੈ ਨਾਮੇ ਸੁਖੁ ਹੋਈ॥		Bhagathaa Ko Naam Adhhaar Hai Naamae Sukh Hoee ||	His devotees have the Support of His Name; in His Name, they find peace.	(ਗੁਰਮੁਖ) ਭਗਤਾਂ ਨੂੰ (ਆਤਮਕ ਜੀਵਨ ਲਈ) ਨਾਮ ਦਾ ਆਸਰਾ ਹੋ ਜਾਂਦਾ ਹੈ, ਨਾਮ ਵਿਚ ਜੁੜਿਆਂ ਹੀ ਉਹਨਾਂ ਨੂੰ ਸੁਖ (ਪ੍ਰਤੀਤ) ਹੁੰਦਾ ਹੈ।

53279	1239	ਨਾਨਕ ਮਨਿ ਤਨਿ ਰਵਿ ਰਹਿਆ ਗੁਰਮੁਖਿ ਹਰਿ ਸੋਈ॥੫॥		Naanak Man Than Rav Rehiaa Guramukh Har Soee ||5||	O Nanak, He permeates and pervades mind and body; He is the Lord, the Guru's Word. ||5||	ਹੇ ਨਾਨਕ! ਗੁਰਮੁਖ ਦੇ ਮਨ ਵਿਚ ਤੇ ਤਨ ਵਿਚ ਉਹ ਪ੍ਰਭੂ ਸਦਾ ਵੱਸਿਆ ਰਹਿੰਦਾ ਹੈ ॥੫॥
53280	1239	ਸਲੋਕ ਮਹਲਾ ੧॥		Salok Mehalaa 1 ||	Shalok, First Mehl:	
53281	1239	ਨਾਨਕ ਤੁਲੀਅਹਿ ਤੋਲ ਜੇ ਜੀਉ ਪਿਛੈ ਪਾਈਐ॥		Naanak Thuleeahi Thol Jae Jeeo Pishhai Paaeeai ||	O Nanak, the weight is weighed out, when the soul is placed on the scale.	ਹੇ ਨਾਨਕ! ਜੇ ਤੱਕੜੀ ਦੇ ਦੂਜੇ ਛਾਬੇ ਵਿਚ ਜਿੰਦ ਰੱਖ ਦੇਈਏ ਤਾਂ ਤੋਲ ਸਾਵੇਂ ਉਤਰਦੇ ਹਨ (ਭਾਵ, ਮਨੁੱਖਾ ਜੀਵਨ ਦੀ ਪ੍ਰਵਾਨਗੀ ਦਾ ਇੱਕੋ ਹੀ ਮਾਪ ਹੈ ਕਿ ਆਪਾ-ਭਾਵ ਵਾਰਿਆ ਜਾਏ);
53282	1239	ਇਕਸੁ ਨ ਪੁਜਹਿ ਬੋਲ ਜੇ ਪੂਰੇ ਪੂਰਾ ਕਰਿ ਮਿਲੈ॥		Eikas N Pujehi Bol Jae Poorae Pooraa Kar Milai ||	Nothing is equal to speaking of the One, who perfectly unites us with the Perfect Lord.	ਜੇ ਮਨੁੱਖ (ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਰਾਹੀਂ ਮਨੁੱਖਾ ਜੀਵਨ ਦੀ ਪ੍ਰਵਾਨਗੀ ਵਾਲੇ ਤੋਲ ਨਾਲ ਆਪਣੇ ਆਪ ਨੂੰ) ਸਾਵਾਂ ਕਰ ਕੇ (ਪ੍ਰਭੂ ਨੂੰ) ਮਿਲ ਪਏ ਤਾਂ ਸਿਫ਼ਤ-ਸਾਲਾਹ ਦੇ ਸ਼ਬਦ ਨਾਲ (ਹੋਰ ਕੋਈ ਉੱਦਮ) ਸਾਵੇਂ ਨਹੀਂ ਹੋ ਸਕਦੇ।
53283	1239	ਵਡਾ ਆਖਣੁ ਭਾਰਾ ਤੋਲੁ॥		Vaddaa Aakhan Bhaaraa Thol ||	To call Him glorious and great carries such a heavy weight.	ਪ੍ਰਭੂ ਦੀ ਸਿਫ਼ਤ-ਸਾਲਾਹ ਵਜ਼ਨਦਾਰ ਸ਼ੈ ਹੈ (ਜਿਸ ਨਾਲ ਜਿੰਦ ਵਾਲਾ ਛਾਬਾ ਪ੍ਰਵਾਨਗੀ ਵਾਲੇ ਤੋਲ ਨਾਲ ਸਾਵਾਂ ਹੋ ਜਾਂਦਾ ਹੈ),

53284	1239	ਹੋਰ ਹਉਲੀ ਮਤੀ ਹਉਲੇ ਬੋਲ॥		Hor Houlee Mathee Houlae Bol ||	Other intellectualisms are lightweight; other words are lightweight as well.	(ਸਿਫ਼ਤ-ਸਾਲਾਹ ਤੋਂ ਬਿਨਾ) ਹੋਰ ਮੱਤਾਂ ਹੌਲੀਆਂ ਤੇ ਹੋਰ ਬਚਨ ਭੀ ਹੌਲੇ ਹਨ (ਇਹਨਾਂ ਦੀ ਮਦਦ ਨਾਲ ਜਿੰਦ ਵਾਲਾ ਛਾਬਾ ਪੂਰਾ ਨਹੀਂ ਉਤਰ ਸਕਦਾ)
53285	1239	ਧਰਤੀ ਪਾਣੀ ਪਰਬਤ ਭਾਰੁ॥		Dhharathee Paanee Parabath Bhaar ||	The weight of the earth, water and mountains	ਧਰਤੀ ਪਾਣੀ ਤੇ ਪਰਬਤਾਂ ਦੇ ਭਾਰ ਨੂੰ-
53286	1239	ਕਿਉ ਕੰਡੈ ਤੋਲੈ ਸੁਨਿਆਰੁ॥		Kio Kanddai Tholai Suniaar ||	The weight of the earth, water and mountains	(ਭਲਾ ਕੋਈ) ਸੁਨਿਆਰਾ (ਛੋਟੇ ਜਿਹੇ) ਤਰਾਜ਼ੂ ਵਿਚ ਕਿਵੇਂ ਤੋਲ ਸਕਦਾ ਹੈ?
53287	1239	ਤੋਲਾ ਮਾਸਾ ਰਤਕ ਪਾਇ॥	ਮੱਾਸਾ। ਰੱਤਕ	Tholaa Maasaa Rathak Paae ||	What weights can balance the scale?	ਤੋਲੇ ਮਾਸੇ ਰੱਤਕਾਂ ਪਾ ਕੇ (ਇਹ ਤੋਲੇ ਨਹੀਂ ਜਾ ਸਕਦੇ)। (ਇਹੀ ਹਾਲ ਹੋਰ ਮੱਤਾਂ ਤੇ ਗੱਲਾਂ ਦਾ ਸਮਝੋ, ਜੋ, ਮਾਨੇ, ਤੋਲੇ ਮਾਸੇ ਤੇ ਰੱਤਕਾਂ ਹੀ ਹਨ);
53288	1239	ਨਾਨਕ ਪੁਛਿਆ ਦੇਇ ਪੁਜਾਇ॥		Naanak Pushhiaa Dhaee Pujaae ||	O Nanak, when questioned, the answer is given.	(ਪਰ) ਹੇ ਨਾਨਕ! ਜੇ (ਸੁਨਿਆਰੇ ਨੂੰ) ਪੁੱਛੀਏ ਤਾਂ (ਗੱਲਾਂ ਨਾਲ) ਘਰ ਪੂਰਾ ਕਰ ਦੇਂਦਾ ਹੈ।
53289	1239	ਮੂਰਖ ਅੰਧਿਆ ਅੰਧੀ ਧਾਤੁ॥		Moorakh Andhhiaa Andhhee Dhhaath ||	The blind fool is running around, leading the blind.	(ਅੰਨ੍ਹੇ ਮੂਰਖ ਲੋਕ ਪ੍ਰਭੂ ਦੀ ਸਿਫ਼ਤ-ਸਾਲਾਹ ਛੱਡ ਕੇ) ਅੰਨ੍ਹਿਆਂ ਵਾਲੀ ਦੌੜ-ਭੱਜ ਹੀ ਕਰਦੇ ਹਨ (ਭਾਵ, ਠੇਡੇ ਖਾ ਕੇ ਸੱਟਾਂ ਹੀ ਲਵਾਉਂਦੇ ਹਨ)।

53290	1239	ਕਹਿ ਕਹਿ ਕਹਣੁ ਕਹਾਇਨਿ ਆਪੁ॥੧॥		Kehi Kehi Kehan Kehaaein Aap ||1||	The more they say, the more they expose themselves. ||1||	ਆਪਣੇ ਆਪ ਨੂੰ ਵੱਡਾ ਅਖਵਾਉਣਾ ਤੇ ਮੁੜ ਮੁੜ (ਆਪਣੇ ਆਪ ਨੂੰ ਚੰਗਾ) ਆਖਣਾ (ਅੰਨ੍ਹਿਆਂ ਵਾਲੀ ਦੌੜ-ਭੱਜ ਹੈ) ॥੧॥
53291	1239	ਮਹਲਾ ੧॥		Mehalaa 1 ||	First Mehl:	
53292	1239	ਆਖਣਿ ਅਉਖਾ ਸੁਨਣਿ ਅਉਖਾ ਆਖਿ ਨ ਜਾਪੀ ਆਖਿ॥		Aakhan Aoukhaa Sunan Aoukhaa Aakh N Jaapee Aakh ||	It is difficult to chant it; it is difficult to listen to it. It cannot be chanted with the mouth.	(ਪਰਮਾਤਮਾ ਦਾ ਸਰੂਪ) ਕਿਸੇ ਤਰ੍ਹਾਂ ਭੀ ਬਿਆਨ ਕਰਨਾ ਔਖਾ ਹੈ, ਮੁੜ ਮੁੜ ਬਿਆਨ ਕਰਨ ਨਾਲ ਭੀ ਸਮਝ ਵਿਚ ਨਹੀਂ ਆਉਂਦਾ।
53293	1239	ਇਕਿ ਆਖਿ ਆਖਹਿ ਸਬਦੁ ਭਾਖਹਿ ਅਰਧ ਉਰਧ ਦਿਨੁ ਰਾਤਿ॥		Eik Aakh Aakhehi Sabadh Bhaakhehi Aradhh Ouradhh Dhin Raath ||	Some speak with their mouths and chant the Word of the Shabad - the low and the high, day and night.	ਕਈ ਲੋਕ ਬੜੀ ਮਿਹਨਤ ਨਾਲ ਦਿਨ ਰਾਤ (ਲੱਗ ਕੇ) (ਪ੍ਰਭੂ ਦਾ ਸਰੂਪ) ਮੁੜ ਮੁੜ ਬਿਆਨ ਕਰਦੇ ਹਨ (ਤੇ ਸਰੂਪ ਦੱਸਣ ਵਾਲਾ) ਲਫ਼ਜ਼ ਬੋਲਦੇ ਹਨ;
53294	1239	ਜੇ ਕਿਹੁ ਹੋਇ ਤ ਕਿਹੁ ਦਿਸੈ ਜਾਪੈ ਰੂਪੁ ਨ ਜਾਤਿ॥		Jae Kihu Hoe Th Kihu Dhisai Jaapai Roop N Jaath ||	If He were something, then He would be visible. His form and state cannot be seen.	ਪਰ ਜੇ ਕੋਈ (ਪੰਜ-ਤੱਤੀ) ਸਰੂਪ ਹੋਵੇ, ਤਾਂ ਦਿੱਸੇ ਭੀ, ਉਸ ਦਾ ਤਾਂ ਨਾਹ ਕੋਈ ਰੂਪ ਜਾਪਦਾ ਹੈ ਨਾਹ ਕੋਈ ਜਾਤਿ ਦਿੱਸਦੀ ਹੈ।

53295	1239	ਸਭਿ ਕਾਰਣ ਕਰਤਾ ਕਰੇ ਘਟ ਅਉਘਟ ਘਟ ਥਾਪਿ॥		Sabh Kaaran Karathaa Karae Ghatt Aoughatt Ghatt Thhaap ||	The Creator Lord does all deeds; He is established in the hearts of the high and the low.	ਔਖੇ ਸੌਖੇ ਥਾਂ (ਹਰੇਕ ਕਿਸਮ ਦੇ ਭਾਂਡੇ) ਆਪ ਰਚ ਕੇ ਪ੍ਰਭੂ ਆਪ ਹੀ (ਜਗਤ ਦੇ) ਸਾਰੇ ਸਬੱਬ ਬਣਾਉਂਦਾ ਹੈ;
53296	1240	ਆਖਣਿ ਅਉਖਾ ਨਾਨਕਾ ਆਖਿ ਨ ਜਾਪੈ ਆਖਿ॥੨॥		Aakhan Aoukhaa Naanakaa Aakh N Jaapai Aakh ||2||	It is so difficult to chant it, O Nanak; it cannot be chanted with the mouth. ||2||	ਹੇ ਨਾਨਕ! ਉਸ ਦਾ ਸਰੂਪ ਬਿਆਨ ਕਰਨਾ ਔਖਾ ਹੈ, ਮੁੜ ਮੁੜ ਬਿਆਨ ਕਰਨ ਨਾਲ ਭੀ ਸਮਝ ਵਿਚ ਨਹੀਂ ਆਉਂਦਾ ॥੨॥
53297	1240	ਪਉੜੀ॥		Pourree ||	Pauree:	
53298	1240	ਨਾਇ ਸੁਣਿਐ ਮਨੁ ਰਹਸੀਐ ਨਾਮੇ ਸਾਂਤਿ ਆਈ॥		Naae Suniai Man Rehaseeai Naamae Saanth Aaee ||	Hearing the Name, the mind is delighted. The Name brings peace and tranquility.	ਹੇ (ਪ੍ਰਭੂ ਦੇ) ਨਾਮ ਵਿਚ ਸੁਰਤ ਜੋੜੀ ਰੱਖੀਏ ਤਾਂ ਮਨ ਖਿੜ ਜਾਂਦਾ ਹੈ, ਨਾਮ ਵਿਚ (ਜੁੜਿਆਂ ਅੰਦਰ) ਸ਼ਾਂਤੀ ਪੈਦਾ ਹੁੰਦੀ ਹੈ।
53299	1240	ਨਾਇ ਸੁਣਿਐ ਮਨੁ ਤ੍ਰਿਪਤੀਐ ਸਭ ਦੁਖ ਗਵਾਈ॥		Naae Suniai Man Thripatheeai Sabh Dhukh Gavaaee ||	Hearing the Name, the mind is satisfied, and all pains are taken away.	ਜੇ ਨਾਮ ਵਿਚ ਧਿਆਨ ਲੱਗ ਜਾਏ ਤਾਂ ਮਨ (ਮਾਇਆ ਵਲੋਂ) ਰੱਜ ਜਾਂਦਾ ਹੈ ਤੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ;
53300	1240	ਨਾਇ ਸੁਣਿਐ ਨਾਉ ਊਪਜੈ ਨਾਮੇ ਵਡਿਆਈ॥		Naae Suniai Naao Oopajai Naamae Vaddiaaee ||	Hearing the Name, one becomes famous; the Name brings glorious greatness.	ਜੇ ਪ੍ਰਭੂ ਦਾ ਨਾਮ ਸੁਣਦੇ ਰਹੀਏ ਤਾਂ (ਮਨ ਵਿਚ) ਨਾਮ (ਜਪਣ ਦਾ ਚਾਉ) ਪੈਦਾ ਹੋ ਜਾਂਦਾ ਹੈ, ਨਾਮ (ਸਿਮਰਨ) ਵਿਚ ਹੀ ਵਡਿਆਈ (ਪ੍ਰਤੀਤ ਹੁੰਦੀ) ਹੈ।

53301	1240	ਨਾਮੇ ਹੀ ਸਭ ਜਾਤਿ ਪਤਿ ਨਾਮੇ ਗਤਿ ਪਾਈ॥		Naamae Hee Sabh Jaath Path Naamae Gath Paaee ||	The Name brings all honor and status; through the Name, salvation is obtained.	ਗੁਰਮੁਖ ਮਨੁੱਖ ਨਾਮ (ਸਿਮਰਨ) ਵਿਚ ਹੀ ਉੱਚੀ ਕੁਲ ਵਾਲੀ ਇੱਜ਼ਤ ਸਮਝਦਾ ਹੈ, ਨਾਮ ਸਿਮਰਿਆਂ ਹੀ ਉੱਚੀ ਆਤਮਕ ਅਵਸਥਾ ਹਾਸਲ ਕਰਦਾ ਹੈ;
53302	1240	ਗੁਰਮੁਖਿ ਨਾਮੁ ਧਿਆਈਐ ਨਾਨਕ ਲਿਵ ਲਾਈ॥੬॥		Guramukh Naam Dhhiaaeeai Naanak Liv Laaee ||6||	The Gurmukh meditates on the Name; Nanak is lovingly attuned to the Name. ||6||	ਹੇ ਨਾਨਕ! ਗੁਰਮੁਖ (ਸਦਾ) ਨਾਮ ਸਿਮਰਦਾ ਹੈ ਤੇ (ਨਾਮ ਵਿਚ ਹੀ) ਲਿਵ ਲਾਈ ਰੱਖਦਾ ਹੈ ॥੬॥
53303	1240	ਸਲੋਕ ਮਹਲਾ ੧॥		Salok Mehalaa 1 ||	Shalok, First Mehl:	
53304	1240	ਜੂਠਿ ਨ ਰਾਗੀ ਜੂਠਿ ਨ ਵੇਦੀ॥		Jooth N Raaganaee Jooth N Vaedhanaee ||	Impurity does not come from music; impurity does not come from the Vedas.	(ਰਾਗਾਂ ਦਾ ਗਾਇਨ ਮਨੁੱਖ ਦੇ ਅੰਦਰ ਕਈ ਹੁਲਾਰੇ ਪੈਦਾ ਕਰਦਾ ਹੈ, ਪਰ ਮਨੁੱਖ ਦੇ ਅੰਦਰ ਟਿੱਕੀ ਹੋਈ ਨਿੰਦਾ ਕਰਨ ਦੀ ਵਾਦੀ ਦੀ) ਇਹ ਮੈਲ ਰਾਗਾਂ (ਦੇ ਗਾਇਨ) ਨਾਲ ਭੀ ਦੂਰ ਨਹੀਂ ਹੁੰਦੀ, ਵੇਦ (ਆਦਿਕ ਧਰਮ-ਪੁਸਤਕਾਂ ਦੇ ਪਾਠ) ਨਾਲ ਭੀ ਨਹੀਂ (ਧੁਪਦੀ)।

53305	1240	ਜੂਠਿ ਨ ਚੰਦ ਸੂਰਜ ਕੀ ਭੇਦੀ॥		Jooth N Chandh Sooraj Kee Bhaedhee ||	Impurity does not come from the phases of the sun and the moon.	ਮੱਸਿਆ, ਸੰਗ੍ਰਾਂਦ, ਪੂਰਨਮਾਸ਼ੀ ਆਦਿਕ) ਚੰਦ੍ਰਮਾ ਅਤੇ ਸੂਰਜ ਦੇ ਵਖ-ਵਖ ਮੰਨੇ ਹੋਏ ਪਵਿੱਤਰ ਦਿਹਾੜਿਆਂ (ਸਮੇਂ ਵਖ-ਵਖ ਕਿਸਮ ਦੀ ਕੀਤੀ ਪੂਜਾ) ਦੀ ਰਾਹੀਂ (ਮਨੁੱਖ ਦੇ ਅੰਦਰ ਟਿਕੀ ਨਿੰਦਾ ਆਦਿਕ ਦੀ) ਇਹ ਮੈਲ ਸਾਫ਼ ਨਹੀਂ ਹੁੰਦੀ।
53306	1240	ਜੂਠਿ ਨ ਅੰਨੀ ਜੂਠਿ ਨ ਨਾਈ॥	ਅਪਣੀ (ਨਾਈ) ਮਹਿਮਾ ਕਰਵਾ ਕੇ। ਅੰਨੀ: ਨਨੇ ਨੂੰ ਹਲੰਤ ਨਹੀਂ ਲਾਉਣਾ	Jooth N Annee Jooth N Naaee ||	Impurity does not come from food; impurity does not come from ritual cleansing baths.	ਅੰਨ (ਦਾ ਤਿਆਗ ਕਰਨ) ਨਾਲ (ਤੀਰਥਾਂ ਦੇ) ਇਸ਼ਨਾਨ ਕਰਨ ਨਾਲ ਭੀ ਇਹ ਮੈਲ ਨਹੀਂ ਜਾਂਦੀ।
53307	1240	ਜੂਠਿ ਨ ਮੀਹੁ ਵਰ੍ਹਿਐ ਸਭ ਥਾਈ॥	ਥਾਂਈਂ	Jooth N Meehu Varihaai Sabh Thhaaee ||	Impurity does not come from the rain, which falls everywhere.	(ਇੰਦਰ ਦੇਵਤੇ ਦੀ ਪੂਜਾ ਨਾਲ ਭੀ) ਇਹ ਅੰਦਰਲੀ ਮੈਲ ਦੂਰ ਨਹੀਂ ਹੁੰਦੀ ਭਾਵੇਂ (ਇਹ ਮੰਨਿਆ ਜਾ ਰਿਹਾ ਹੈ ਕਿ ਉਸ ਦੇਵਤੇ ਦੀ ਰਾਹੀਂ) ਸਭ ਥਾਈਂ ਮੀਂਹ ਪੈਂਦਾ ਹੈ (ਤੇ ਧਰਤੀ ਅਤੇ ਬਨਸਪਤੀ ਆਦਿਕ ਦੀ ਬਾਹਰਲੀ ਮੈਲ ਧੁਪ ਜਾਂਦੀ ਹੈ)।
53308	1240	ਜੂਠਿ ਨ ਧਰਤੀ ਜੂਠਿ ਨ ਪਾਣੀ॥		Jooth N Dhharathee Jooth N Paanee ||	Impurity does not come from the earth; impurity does not come from the water.	(ਰਮਤੇ ਸਾਧੂ ਬਣ ਕੇ) ਧਰਤੀ ਦਾ ਰਟਨ ਕੀਤਿਆਂ, ਧਰਤੀ ਵਿਚ ਗੁਫ਼ਾ ਬਣਾ ਕੇ ਬੈਠਿਆਂ ਜਾਂ ਪਾਣੀ (ਵਿਚ ਖਲੋ ਕੇ ਤਪਾਂ ਦੀ) ਰਾਹੀਂ ਭੀ ਇਹ ਮੈਲ ਨਹੀਂ ਧੁਪਦੀ,

53309	1240	ਜੂਠਿ ਨ ਪਉਣੈ ਮਾਹਿ ਸਮਾਣੀ॥		Jooth N Pounai Maahi Samaanee ||	Impurity does not come from the air which is diffused everywhere.	ਅਤੇ, ਪ੍ਰਾਣਾਯਾਮ ਕੀਤਿਆਂ (ਸਮਾਧੀਆਂ ਲਾਇਆਂ) ਭੀ (ਮਨੁੱਖ ਦੇ ਅੰਦਰ ਟਿਕੀ ਹੋਈ ਨਿੰਦਾ ਆਦਿਕ ਕਰਨ ਦੀ) ਇਹ ਮੈਲ ਦੂਰ ਨਹੀਂ ਹੁੰਦੀ।
53310	1240	ਨਾਨਕ ਨਿਗੁਰਿਆ ਗੁਣੁ ਨਾਹੀ ਕੋਇ॥		Naanak Niguriaa Gun Naahee Koe ||	O Nanak, the one who has no Guru, has no redeeming virtues at all.	ਹੇ ਨਾਨਕ! ਜਿਹੜੇ ਮਨੁੱਖ ਗੁਰੂ ਦੇ ਦੱਸੇ ਰਾਹ ਉਤੇ ਨਹੀਂ ਤੁਰਦੇ, (ਉਹਨਾਂ ਦੇ ਅੰਦਰ ਆਤਮਕ ਜੀਵਨ ਉੱਚਾ ਕਰਨ ਵਾਲਾ) ਕੋਈ ਗੁਣ ਨਹੀਂ (ਵਧਦਾ-ਫੁਲਦਾ)।
53311	1240	ਮੁਹਿ ਫੇਰਿਐ ਮੁਹੁ ਜੂਠਾ ਹੋਇ॥੧॥		Muhi Faeriai Muhu Joothaa Hoe ||1||	Impurity comes from turning one's face away from God. ||1||	ਜੇ ਗੁਰੂ ਵਲੋਂ ਮੂੰਹ ਮੋੜੀ ਰੱਖੀਏ, ਤਾਂ ਮੂੰਹ (ਨਿੰਦਾ ਆਦਿਕ ਕਰਨ ਦੀ ਗੰਦੀ ਵਾਦੀ ਦੀ ਮੈਲ ਨਾਲ) ਅਪਵਿੱਤਰ ਹੋਇਆ ਰਹਿੰਦਾ ਹੈ ॥੧॥
53312	1240	ਮਹਲਾ ੧॥		Mehalaa 1 ||	First Mehl:	
53313	1240	ਨਾਨਕ ਚੁਲੀਆ ਸੁਚੀਆ ਜੇ ਭਰਿ ਜਾਣੈ ਕੋਇ॥	ਚੁਲੀ ਚੁਲੀਆਂ: ਪੋਲੇ ਬੋਲੋ। ਸੁੱਚੀਆਂ	Naanak Chuleeaa Sucheeaa Jae Bhar Jaanai Koe ||	O Nanak, the mouth is truly cleansed by ritual cleansing, if you really know how to do it.	ਹੇ ਨਾਨਕ! (ਨਿਰਾ ਪਾਣੀ ਨਾਲ ਚੁਲੀਆਂ ਕੀਤਿਆਂ ਆਤਮਕ ਜੀਵਨ ਵਿਚ ਸੁੱਚ ਨਹੀਂ ਆ ਸਕਦੀ, ਪਰ) ਜੇ ਕੋਈ ਮਨੁੱਖ (ਸੱਚੀ ਚੁਲੀ) ਭਰਨੀ ਜਾਣ ਲਏ ਤਾਂ ਸੁੱਚੀਆਂ ਚੁਲੀਆਂ ਇਹ ਹਨ-

53314	1240	ਸੁਰਤੇ ਚੁਲੀ ਗਿਆਨ ਕੀ ਜੋਗੀ ਕਾ ਜਤੁ ਹੋਇ॥		Surathae Chulee Giaan Kee Jogee Kaa Jath Hoe ||	For the intuitively aware, cleansing is spiritual wisdom. For the Yogi, it is self-control.	ਵਿਦਵਾਨ ਵਾਸਤੇ ਚੁਲੀ ਵਿਚਾਰ ਦੀ ਹੈ (ਭਾਵ, ਵਿਦਵਾਨ ਦੀ ਵਿੱਦਵਤਾ ਪਵਿਤ੍ਰ ਹੈ ਜੇ ਉਸ ਦੇ ਅੰਦਰ ਵਿਚਾਰ ਭੀ ਹੈ) ਜੋਗੀ ਦਾ ਕਾਮ-ਵਾਸ਼ਨਾ ਤੋਂ ਬਚੇ ਰਹਿਣਾ ਜੋਗੀ ਲਈ ਪਵਿਤ੍ਰ ਚੁਲੀ ਹੈ,
53315	1240	ਬ੍ਰਹਮਣ ਚੁਲੀ ਸੰਤੋਖ ਕੀ ਗਿਰਹੀ ਕਾ ਸਤੁ ਦਾਨੁ॥		Brehaman Chulee Santhokh Kee Girehee Kaa Sath Dhaan ||	For the Brahmin, cleansing is contentment; for the householder, it is truth and charity.	ਬ੍ਰਾਹਮਣ ਲਈ ਚੁਲੀ ਸੰਤੋਖ ਹੈ ਤੇ ਗ੍ਰਿਹਸਤੀ ਲਈ ਚੁਲੀ ਹੈ ਉੱਚਾ ਆਚਰਨ ਅਤੇ ਸੇਵਾ।
53316	1240	ਰਾਜੇ ਚੁਲੀ ਨਿਆਵ ਕੀ ਪੜਿਆ ਸਚੁ ਧਿਆਨੁ॥		Raajae Chulee Niaav Kee Parriaa Sach Dhiaan ||	For the king, cleansing is justice; for the scholar, it is true meditation.	ਪੜ੍ਹੇ (ਵਿਦਵਾਨਾਂ) ਲਈ ਸੱਚ ਸਰੂਪ ਪਰਮਾਤਮਾ ਅਤੇ ਰਾਜੇ ਵਾਸਤੇ ਇਨਸਾਫ਼ ਚੁਲੀ ਹੈ।
53317	1240	ਪਾਣੀ ਚਿਤੁ ਨ ਧੋਪਈ ਮੁਖਿ ਪੀਤੈ ਤਿਖ ਜਾਇ॥		Paanee Chith N Dhhopee Mukh Peethai Thikh Jaae ||	The consciousness is not washed with water; you drink it to quench your thirst.	ਪਾਣੀ ਨਾਲ (ਚੁਲੀ ਕੀਤਿਆਂ) ਮਨ ਨਹੀਂ ਧੁਪ ਸਕਦਾ, (ਹਾਂ) ਮੂੰਹ ਨਾਲ ਪਾਣੀ ਪੀਤਿਆਂ ਤ੍ਰਿਹ ਮਿਟ ਜਾਂਦੀ ਹੈ;

53318	1240	ਪਾਣੀ ਪਿਤਾ ਜਗਤ ਕਾ ਫਿਰਿ ਪਾਣੀ ਸਭੁ ਖਾਇ॥੨॥		Paanee Pithaa Jagath Kaa Fir Paanee Sabh Khaae ||2||	Water is the father of the world; in the end, water destroys it all. ||2||	(ਪਰ ਪਾਣੀ ਦੀ ਚੁਲੀ ਨਾਲ ਪਵਿਤ੍ਰਤਾ ਆਉਣ ਦੇ ਥਾਂ ਤਾਂ ਸਗੋਂ ਸੂਤਕ ਦਾ ਭਰਮ ਪੈਦਾ ਹੋਣਾ ਚਾਹੀਦਾ ਹੈ ਕਿਉਂਕਿ) ਪਾਣੀ ਤੋਂ ਸਾਰਾ ਸੰਸਾਰ ਪੈਦਾ ਹੁੰਦਾ ਹੈ ਤੇ ਪਾਣੀ ਹੀ ਸਾਰੇ ਜਗਤ ਨੂੰ ਨਾਸ ਕਰਦਾ ਹੈ ॥੨॥
53319	1240	ਪਉੜੀ॥		Pourree ||	Pauree:	
53320	1240	ਨਾਇ ਸੁਣਿਐ ਸਭ ਸਿਧਿ ਹੈ ਰਿਧਿ ਪਿਛੈ ਆਵੈ॥		Naae Suniai Sabh Sidhh Hai Ridhh Pishhai Aavai ||	Hearing the Name, all supernatural spiritual powers are obtained, and wealth follows along.	ਪ੍ਰਭੂ ਦੇ ਨਾਮ ਵਿਚ ਸੁਰਤ ਜੋੜੀ ਰੱਖੀਏ ਤਾਂ ਸਾਰੀਆਂ ਕਰਾਮਾਤੀ ਤਾਕਤਾਂ ਪਿੱਛੇ ਲੱਗੀਆਂ ਫਿਰਦੀਆਂ ਹਨ (ਸੁਤੇ ਹੀ ਪ੍ਰਾਪਤ ਹੋ ਜਾਂਦੀਆਂ ਹਨ);
53321	1240	ਨਾਇ ਸੁਣਿਐ ਨਉ ਨਿਧਿ ਮਿਲੈ ਮਨ ਚਿੰਦਿਆ ਪਾਵੈ॥		Naae Suniai No Nidhh Milai Man Chindhiaa Paavai ||	Hearing the Name, the nine treasures are received, and the mind's desires are obtained.	ਪ੍ਰਭੂ ਦੇ ਨਾਮ ਵਿਚ ਸੁਰਤ ਜੋੜੀ ਰੱਖੀਏ ਤਾਂ ਜਗਤ ਦੇ ਸਾਰੇ ਪਦਾਰਥ ਹਾਸਲ ਹੋ ਜਾਂਦੇ ਹਨ, ਜੋ ਕੁਝ ਮਨ ਚਿਤਵਦਾ ਹੈ ਮਿਲ ਜਾਂਦਾ ਹੈ;
53322	1240	ਨਾਇ ਸੁਣਿਐ ਸੰਤੋਖੁ ਹੋਇ ਕਵਲਾ ਚਰਨ ਧਿਆਵੈ॥		Naae Suniai Santhokh Hoe Kavalaa Charan Dhhiaavai ||	Hearing the Name, contentment comes, and Maya meditates at one's feet.	ਪ੍ਰਭੂ ਦੇ ਨਾਮ ਵਿਚ ਸੁਰਤ ਜੋੜੀ ਰੱਖੀਏ ਤਾਂ (ਮਨ ਵਿਚ) ਸੰਤੋਖ ਪੈਦਾ ਹੋ ਜਾਂਦਾ ਹੈ, ਮਾਇਆ (ਭੀ) ਸੇਵਾ ਕਰਨ ਲੱਗ ਪੈਂਦੀ ਹੈ;

53323	1240	ਨਾਇ ਸੁਣਿਐ ਸਹਜੁ ਊਪਜੈ ਸਹਜੇ ਸੁਖੁ ਪਾਵੈ॥		Naae Suniai Sehaj Oopajai Sehajae Sukh Paavai ||	Hearing the Name, intuitive peace and poise wells up.	ਪ੍ਰਭੂ ਦੇ ਨਾਮ ਵਿਚ ਸੁਰਤ ਜੋੜੀ ਰੱਖੀਏ ਤਾਂ ਉਹ ਅਵਸਥਾ ਪੈਦਾ ਹੋ ਜਾਂਦੀ ਹੈ ਜਿੱਥੇ ਮਨ ਡੋਲਦਾ ਨਹੀਂ, ਤੇ ਇਸ ਅਡੋਲ ਅਵਸਥਾ ਵਿਚ (ਅੱਪੜ ਕੇ) ਸੁਖ ਪ੍ਰਾਪਤ ਹੋ ਜਾਂਦਾ ਹੈ।
53324	1240	ਗੁਰਮਤੀ ਨਾਉ ਪਾਈਐ ਨਾਨਕ ਗੁਣ ਗਾਵੈ॥੭॥		Guramathee Naao Paaeeai Naanak Gun Gaavai ||7||	Through the Guru's Teachings, the Name is obtained; O Nanak, sing His Glorious Praises. ||7||	ਪਰ, ਹੇ ਨਾਨਕ! ਗੁਰੂ ਦੀ ਮੱਤ ਲਿਆਂ ਹੀ ਨਾਮ ਮਿਲਦਾ ਹੈ, (ਤੇ ਗੁਰੂ ਦੇ ਰਾਹ ਤੇ ਤੁਰਨ ਵਾਲਾ ਮਨੁੱਖ ਸਦਾ ਪ੍ਰਭੂ ਦੇ) ਗੁਣ ਗਾਂਦਾ ਹੈ ॥੭॥
53325	1240	ਸਲੋਕ ਮਹਲਾ ੧॥		Salok Mehalaa 1 ||	Shalok, First Mehl:	
53326	1240	ਦੁਖ ਵਿਚਿ ਜੰਮਣੁ ਦੁਖਿ ਮਰਣੁ ਦੁਖਿ ਵਰਤਣੁ ਸੰਸਾਰਿ॥		Dhukh Vich Janman Dhukh Maran Dhukh Varathan Sansaar ||	In pain, we are born; in pain, we die. In pain, we deal with the world.	ਜੀਵ ਦਾ ਜਨਮ ਦੁੱਖ ਵਿਚ ਤੇ ਮੌਤ ਭੀ ਦੁੱਖ ਵਿਚ ਹੀ ਹੁੰਦੀ ਹੈ (ਭਾਵ, ਜਨਮ ਤੋਂ ਮਰਨ ਤਕ ਸਾਰੀ ਉਮਰ ਜੀਵ ਦੁੱਖ ਵਿਚ ਹੀ ਫਸਿਆ ਰਹਿੰਦਾ ਹੈ) ਦੁੱਖ ਵਿਚ (ਗ੍ਰਸਿਆ ਹੋਇਆ ਹੀ) ਜਗਤ ਵਿਚ ਸਾਰਾ ਕਾਰ-ਵਿਹਾਰ ਕਰਦਾ ਹੈ।
53327	1240	ਦੁਖੁ ਦੁਖੁ ਅਗੈ ਆਖੀਐ ਪੜਿ ਪੜਿ ਕਰਹਿ ਪੁਕਾਰ॥		Dhukh Dhukh Agai Aakheeai Parrih Parrih Karehi Pukaar ||	Hereafter, there is said to be pain, only pain; the more the mortals read, the more they cry out.	(ਵਿੱਦਿਆ) ਪੜ੍ਹ ਪੜ੍ਹ ਕੇ ਭੀ (ਜੀਵ) ਵਿਲਕਦੇ ਹੀ ਹਨ, (ਜੋ ਕੁਝ) ਸਾਹਮਣੇ (ਪ੍ਰਾਪਤ ਹੁੰਦਾ ਹੈ ਉਸ ਨੂੰ) ਦੁੱਖ ਹੀ ਦੁੱਖ ਕਿਹਾ ਜਾ ਸਕਦਾ ਹੈ।

53328	1240	ਦੁਖ ਕੀਆ ਪੰਡਾ ਖੁਲ੍ਹੀਆ ਸੁਖੁ ਨ ਨਿਕਲਿਓ ਕੋਇ॥	ਕੀਆਂ। ਪੰਡਾਂ। ਖੁੱਲ੍ਹੀਆਂ	Dhukh Keeaa Panddaa Khulheeaa Sukh N Nikaliou Koe ||	The packages of pain are untied, but peace does not emerge.	(ਜੀਵ ਦੇ ਭਾਗਾਂ ਨੂੰ) ਦੁੱਖਾਂ ਦੀਆਂ (ਮਾਨੋ) ਪੰਡਾਂ ਖੁਲ੍ਹੀਆਂ ਹੋਈਆਂ ਹਨ, (ਇਸ ਦੇ ਕਿਸੇ ਭੀ ਉੱਦਮ ਵਿਚੋਂ) ਕੋਈ ਸੁਖ ਨਹੀਂ ਨਿਕਲਦਾ;
53329	1240	ਦੁਖ ਵਿਚਿ ਜੀਉ ਜਲਾਇਆ ਦੁਖੀਆ ਚਲਿਆ ਰੋਇ॥		Dhukh Vich Jeeo Jalaaeiaa Dhukheeaa Chaliaa Roe ||	In pain, the soul burns; in pain, it departs weeping and wailing.	(ਸਾਰੀ ਉਮਰ) ਦੁੱਖਾਂ ਵਿਚ ਜਿੰਦ ਸਾੜਦਾ ਰਹਿੰਦਾ ਹੈ (ਆਖ਼ਰ) ਦੁੱਖਾਂ ਦਾ ਮਾਰਿਆ ਹੋਇਆ ਰੋਂਦਾ ਹੀ (ਇਥੋਂ) ਤੁਰ ਪੈਂਦਾ ਹੈ।
53330	1240	ਨਾਨਕ ਸਿਫਤੀ ਰਤਿਆ ਮਨੁ ਤਨੁ ਹਰਿਆ ਹੋਇ॥		Naanak Sifathee Rathiaa Man Than Hariaa Hoe ||	O Nanak, imbued with the Lord's Praise, the mind and body blossom forth, rejuvenated.	ਹੇ ਨਾਨਕ! ਜੇ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਰੰਗੇ ਜਾਈਏ ਤਾਂ ਮਨ ਤਨ ਹਰੇ ਹੋ ਜਾਂਦੇ ਹਨ।
53331	1240	ਦੁਖ ਕੀਆ ਅਗੀ ਮਾਰੀਅਹਿ ਭੀ ਦੁਖੁ ਦਾਰੂ ਹੋਇ॥੧॥	ਅੱਗੀਂ	Dhukh Keeaa Agee Maareeahi Bhee Dhukh Dhaaroo Hoe ||1||	In the fire of pain, the mortals die; but pain is also the cure. ||1||	ਜੀਵ ਦੁੱਖਾਂ ਦੇ ਸਾੜਿਆਂ ਨਾਲ (ਆਤਮਕ ਮੌਤ) ਮਰਦੇ ਹਨ, ਪਰ ਫਿਰ ਇਸ ਦਾ ਇਲਾਜ ਭੀ ਦੁੱਖ ਹੀ ਹੈ। (ਸਵੇਰੇ ਮੰਜੇ ਤੇ ਸੁਖ ਵਿਚ ਸੁੱਤਾ ਰਹੇ ਤਾਂ ਇਹ ਦੁੱਖ ਬਣ ਜਾਂਦਾ ਹੈ; ਪਰ ਜੇ ਸਵੇਰੇ ਉਠਿ ਬਾਹਰਿ ਜਾ ਕੇ ਕਸਰਤ ਆਦਿਕ ਕਸ਼ਟ ਉਠਾਏ ਤਾਂ ਉਹ ਦੁੱਖ ਸੁਖਦਾਈ ਬਣਦਾ ਹੈ) ॥੧॥
53332	1240	ਮਹਲਾ ੧॥		Mehalaa 1 ||	First Mehl:	

53333	1240	ਨਾਨਕ ਦੁਨੀਆ ਭਸੁ ਰੰਗੁ ਭਸੂ ਹੂ ਭਸੁ ਖੇਹ॥	(ਦੁਨੀਆ) ਮਾਇਆ।ਭਸੁ: ਪੋਲਾ ਬੋਲੋ। (ਰੰਗ) ਅਨੰਦ	Naanak Dhuneeaa Bhas Rang Bhasoo Hoo Bhas Khaeh ||	O Nanak, worldly pleasures are nothing more than dust. They are the dust of the dust of ashes.	ਹੇ ਨਾਨਕ! ਦੁਨੀਆ ਦਾ ਰੰਗ-ਤਮਾਸ਼ਾ ਸੁਆਹ (ਦੇ ਬਰਾਬਰ) ਹੈ, ਨਿਰੀ ਸੁਆਹ ਹੀ ਸੁਆਹ ਹੈ, ਨਿਰੀ ਖੇਹ ਹੀ ਖੇਹ ਹੈ।
53334	1240	ਭਸੋ ਭਸੁ ਕਮਾਵਣੀ ਭੀ ਭਸੁ ਭਰੀਐ ਦੇਹ॥		Bhaso Bhas Kamaavanee Bhee Bhas Bhareeai Dhaeh ||	The mortal earns only the dust of the dust; his body is covered with dust.	(ਇਹਨਾਂ ਰੰਗ-ਤਮਾਸ਼ਿਆਂ ਵਿਚ ਲੱਗ ਕੇ ਜੀਵ, ਮਾਨੋ,) ਖੇਹ ਹੀ ਖੇਹ ਕਮਾਂਦਾ ਹੈ, (ਜਿਉਂ ਜਿਉਂ ਇਹ ਖੇਹ ਇਕੱਠੀ ਕਰਦਾ ਹੈ ਤਿਉਂ ਤਿਉਂ) ਇਸ ਦਾ ਸਰੀਰ (ਵਿਕਾਰਾਂ ਦੀ) ਖੇਹ ਨਾਲ ਹੀ ਹੋਰ ਹੋਰ ਲਿੱਬੜਦਾ ਹੈ।
53335	1240	ਜਾ ਜੀਉ ਵਿਚਹੁ ਕਢੀਐ ਭਸੂ ਭਰਿਆ ਜਾਇ॥		Jaa Jeeo Vichahu Kadteeai Bhasoo Bhariaa Jaae ||	When the soul is taken out of the body, it too is covered with dust.	(ਮਰਨ ਤੇ) ਜਦੋਂ ਜਿੰਦ (ਸਰੀਰ) ਵਿਚੋਂ ਵੱਖਰੀ ਕੀਤੀ ਜਾਂਦੀ ਹੈ, ਤਾਂ ਇਹ ਜਿੰਦ (ਵਿਕਾਰਾਂ ਦੀ) ਸੁਆਹ ਨਾਲ ਹੀ ਲਿੱਬੜੀ ਹੋਈ (ਇਥੋਂ) ਜਾਂਦੀ ਹੈ,
53336	1240	ਅਗੈ ਲੇਖੈ ਮੰਗਿਐ ਹੋਰ ਦਸੂਣੀ ਪਾਇ॥੨॥		Agai Laekhai Mangiai Hor Dhasoonee Paae ||2||	And when one's account is called for in the world hereafter, he receives only ten times more dust. ||2||	ਤੇ ਪਰਲੋਕ ਵਿਚ ਜਦੋਂ ਕੀਤੇ ਕਰਮਾਂ ਦਾ ਲੇਖਾ ਹੁੰਦਾ ਹੈ (ਤਦੋਂ) ਹੋਰ ਦਸ-ਗੁਣੀ ਵਧੀਕ ਸੁਆਹ (ਭਾਵ, ਸ਼ਰਮਿੰਦਗੀ) ਇਸ ਨੂੰ ਮਿਲਦੀ ਹੈ ॥੨॥
53337	1240	ਪਉੜੀ॥		Pourree ||	Pauree:	

53338	1240	ਨਾਇ ਸੁਣਿਐ ਸੁਚਿ ਸੰਜਮੋ ਜਮੁ ਨੇੜਿ ਨ ਆਵੈ॥		Naae Suniai Such Sanjamo Jam Naerr N Aavai ||	Hearing the Name, one is blessed with purity and self-control, and the Messenger of Death will not draw near.	ਜੇ ਨਾਮ ਵਿਚ ਸੁਰਤ ਜੋੜੀ ਰੱਖੀਏ ਤਾਂ ਪਵਿਤ੍ਰਤਾ ਪ੍ਰਾਪਤ ਹੁੰਦੀ ਹੈ, ਮਨ ਨੂੰ ਵੱਸ ਕਰਨ ਦੀ ਸਮਰੱਥਾ ਆ ਜਾਂਦੀ ਹੈ, ਜਮ (ਭੀ, ਭਾਵ, ਮੌਤ ਦਾ ਡਰ) ਨੇੜੇ ਨਹੀਂ ਢੁੱਕਦਾ;
53339	1240	ਨਾਇ ਸੁਣਿਐ ਘਟਿ ਚਾਨਣਾ ਆਨ੍ਹੇਰੁ ਗਵਾਵੈ॥		Naae Suniai Ghatt Chaananaa Aanhaer Gavaavai ||	Hearing the Name, the heart is illumined, and darkness is dispelled.	ਜੇ ਨਾਮ ਵਿਚ ਸੁਰਤ ਜੋੜੀ ਰੱਖੀਏ ਤਾਂ ਹਿਰਦੇ ਵਿਚ (ਪ੍ਰਭੂ ਦੀ ਜੋਤਿ ਦਾ) ਚਾਨਣ ਹੋ ਜਾਂਦਾ ਹੈ (ਤੇ ਆਤਮਕ ਜੀਵਨ ਦੀ ਸੂਝ ਵਲੋਂ) ਹਨੇਰਾ ਦੂਰ ਹੋ ਜਾਂਦਾ ਹੈ;
53340	1240	ਨਾਇ ਸੁਣਿਐ ਆਪੁ ਬੁਝੀਐ ਲਾਹਾ ਨਾਉ ਪਾਵੈ॥		Naae Suniai Aap Bujheeai Laahaa Naao Paavai ||	Hearing the Name, one comes to understand his own self, and the profit of the Name is obtained.	ਜੇ ਨਾਮ ਵਿਚ ਸੁਰਤ ਜੋੜੀ ਰੱਖੀਏ ਤਾਂ ਆਪਣੇ ਅਸਲੇ ਨੂੰ ਸਮਝ ਲਈਦਾ ਹੈ ਤੇ ਪ੍ਰਭੂ ਦਾ ਨਾਮ (ਜੋ ਮਨੁੱਖਾ ਜੀਵਨ ਦਾ ਅਸਲ) ਲਾਭ (ਹੈ) ਖੱਟ ਲਈਦਾ ਹੈ;
53341	1240	ਨਾਇ ਸੁਣਿਐ ਪਾਪ ਕਟੀਅਹਿ ਨਿਰਮਲ ਸਚੁ ਪਾਵੈ॥		Naae Suniai Paap Katteeahi Niramal Sach Paavai ||	Hearing the Name, sins are eradicated, and one meets the Immaculate True Lord.	ਜੇ ਨਾਮ ਵਿਚ ਸੁਰਤ ਜੋੜੀ ਰੱਖੀਏ ਤਾਂ ਸਾਰੇ ਪਾਪ ਨਾਸ ਹੋ ਜਾਂਦੇ ਹਨ, ਪਵਿਤ੍ਰ ਸੱਚਾ ਪ੍ਰਭੂ ਮਿਲ ਪੈਂਦਾ ਹੈ।

53342	1240	ਨਾਨਕ ਨਾਇ ਸੁਣਿਐ ਮੁਖ ਉਜਲੇ ਨਾਉ ਗੁਰਮੁਖਿ ਧਿਆਵੈ॥੮॥		Naanak Naae Suniai Mukh Oujalae Naao Guramukh Dhhiaavai ||8||	O Nanak, hearing the Name, one's face becomes radiant. As Gurmukh, meditate on the Name. ||8||	ਹੇ ਨਾਨਕ! ਜੇ ਨਾਮ ਵਿਚ ਧਿਆਨ ਜੋੜੀਏ ਤਾਂ ਮੱਥੇ ਖਿੜੇ ਰਹਿੰਦੇ ਹਨ। ਪਰ ਇਹ ਨਾਮ ਉਹੀ ਮਨੁੱਖ ਸਿਮਰ ਸਕਦਾ ਹੈ ਜੋ ਗੁਰੂ ਦੇ ਦੱਸੇ ਰਾਹ ਉਤੇ ਤੁਰਦਾ ਹੈ ॥੮॥
53343	1240	ਸਲੋਕ ਮਹਲਾ ੧॥		Salok Mehalaa 1 ||	Shalok, First Mehl:	
53344	1240	ਘਰਿ ਨਾਰਾਇਣੁ ਸਭਾ ਨਾਲਿ॥	ਸਭਾ: ਪੋਲਾ ਬੋਲੋ	Ghar Naaraaein Sabhaa Naal ||	In your home, is the Lord God, along with all your other gods.	(ਬ੍ਰਾਹਮਣ ਆਪਣੇ) ਘਰ ਵਿਚ ਬਹੁਤ ਸਾਰੀਆਂ ਮੂਰਤੀਆਂ ਸਮੇਤ ਠਾਕਰਾਂ ਦੀ ਮੂਰਤੀ ਅਸਥਾਪਨ ਕਰਦਾ ਹੈ,
53345	1241	ਪੂਜ ਕਰੇ ਰਖੈ ਨਾਵਾਲਿ॥	ਨ੍ਹਾਵਾਲਿ	Pooj Karae Rakhai Naavaal ||	You wash your stone gods and worship them.	ਉਸ ਦੀ ਪੂਜਾ ਕਰਦਾ ਹੈ, ਉਸ ਨੂੰ ਇਸ਼ਨਾਨ ਕਰਾਂਦਾ ਹੈ;
53346	1241	ਕੁੰਗੂ ਚੰਨਣੁ ਫੁਲ ਚੜਾਏ॥		Kungoo Channan Ful Charraaeae ||	You offer saffron, sandalwood and flowers.	ਕੇਸਰ ਚੰਦਨ ਤੇ ਫੁੱਲ (ਉਸ ਮੂਰਤੀ ਦੇ ਅੱਗੇ) ਭੇਟ ਧਰਦਾ ਹੈ,
53347	1241	ਪੈਰੀ ਪੈ ਪੈ ਬਹੁਤੁ ਮਨਾਏ॥		Pairee Pai Pai Bahuth Manaaeae ||	Falling at their feet, you try so hard to appease them.	ਉਸ ਦੇ ਪੈਰਾਂ ਉਤੇ ਸਿਰ ਰੱਖ ਰੱਖ ਕੇ ਉਸ ਨੂੰ ਪ੍ਰਸੰਨ ਕਰਨ ਦਾ ਜਤਨ ਕਰਦਾ ਹੈ;
53348	1241	ਮਾਨੂਆ ਮੰਗਿ ਮੰਗਿ ਪੈਨ੍ਹੈ ਖਾਇ॥		Maanooaa Mang Mang Painhai Khaae ||	Begging, begging from other people, you get things to wear and eat.	(ਪਰ ਰੋਟੀ ਕੱਪੜਾ ਹੋਰ) ਮਨੁੱਖਾਂ ਤੋਂ ਮੰਗ ਮੰਗ ਕੇ ਖਾਂਦਾ ਤੇ ਪਹਿਨਦਾ ਹੈ।

53349	1241	ਅੰਧੀ ਕੰਮੀ ਅੰਧ ਸਜਾਇ॥		Andhhee Kanmee Andhh Sajaae ||	For your blind deeds, you will be blindly punished.	ਅਗਿਆਨਤਾ ਵਾਲੇ ਕੰਮ ਕੀਤਿਆਂ (ਇਹੀ) ਸਜ਼ਾ ਮਿਲਦੀ ਹੈ ਕਿ ਹੋਰ ਅਗਿਆਨਤਾ ਵਧਦੀ ਜਾਏ,
53350	1241	ਭੁਖਿਆ ਦੇਇ ਨ ਮਰਦਿਆ ਰਖੈ॥		Bhukhiaa Dhaee N Maradhiaa Rakhai ||	Your idol does not feed the hungry, or save the dying.	(ਮੂਰਖ ਇਹ ਨਹੀਂ ਜਾਣਦਾ ਕਿ ਇਹ ਮੂਰਤੀ) ਨਾਹ ਭੁੱਖੇ ਨੂੰ ਕੁਝ ਦੇ ਸਕਦੀ ਹੈ ਨਾਹ (ਭੁੱਖ-ਮਰਦੇ ਨੂੰ) ਮਰਨੋਂ ਬਚਾ ਸਕਦੀ ਹੈ।
53351	1241	ਅੰਧਾ ਝਗੜਾ ਅੰਧੀ ਸਥੈ॥੧॥	ਸੱਥੈ	Andhhaa Jhagarraa Andhhee Sathhai ||1||	The blind assembly argues in blindness. ||1||	(ਫਿਰ ਭੀ ਮੂਰਤੀ-ਪੂਜਕ) ਅਗਿਆਨੀਆਂ ਦੀ ਸਭਾ ਵਿਚ ਅਗਿਆਨਤਾ ਵਾਲਾ ਇਹ ਲੰਮਾ ਗੇੜ ਤੁਰਿਆ ਹੀ ਜਾਂਦਾ ਹੈ (ਭਾਵ, ਫਿਰ ਭੀ ਲੋਕ ਅੱਖਾਂ ਮੀਟ ਕੇ ਪ੍ਰਭੂ ਨੂੰ ਛੱਡ ਕੇ ਮੂਰਤੀ-ਪੂਜਾ ਕਰਦੇ ਹੀ ਜਾ ਰਹੇ ਹਨ) ॥੧॥
53352	1241	ਮਹਲਾ ੧॥		Mehalaa 1 ||	First Mehl:	
53353	1241	ਸਭੇ ਸੁਰਤੀ ਜੋਗ ਸਭਿ ਸਭੇ ਬੇਦ ਪੁਰਾਣ॥	ਸੱਭੇ	Sabhae Surathee Jog Sabh Sabhae Baedh Puraan ||	All intuitive understanding, all Yoga, all the Vedas and Puraanas.	ਜੋਗ-ਮਤ ਅਨੁਸਾਰ ਬ੍ਰਿਤੀ ਜੋੜਨੀ; ਵੇਦ ਪੁਰਾਨ (ਆਦਿਕਾਂ ਦੇ ਪਾਠ);
53354	1241	ਸਭੇ ਕਰਣੇ ਤਪ ਸਭਿ ਸਭੇ ਗੀਤ ਗਿਆਨ॥	ਤਪ: ਪੋਲਾ ਬੋਲੋ	Sabhae Karanae Thap Sabh Sabhae Geeth Giaan ||	All actions, all penances, all songs and spiritual wisdom.	ਤਪ ਸਾਧਣੇ; (ਭਜਨਾਂ ਦੇ) ਗੀਤ ਤੇ (ਉਹਨਾਂ ਦੀਆਂ) ਵਿਚਾਰਾਂ;

53355	1241	ਸਭੇ ਬੁਧੀ ਸੁਧਿ ਸਭਿ ਸਭਿ ਤੀਰਥ ਸਭਿ ਥਾਨ॥		Sabhae Budhhee Sudhh Sabh Sabh Theerathh Sabh Thhaan ||	All intellect, all enlightenment, all sacred shrines of pilgrimage.	ਉੱਚੀ ਬੁੱਧ ਤੇ ਚੰਗੀ ਅਕਲ; ਤੀਰਥ-ਅਸਥਾਨ (ਆਦਿਕਾਂ ਦੇ ਇਸ਼ਨਾਨ);
53356	1241	ਸਭਿ ਪਾਤਿਸਾਹੀਆ ਅਮਰ ਸਭਿ ਸਭਿ ਖੁਸੀਆ ਸਭਿ ਖਾਨ॥		Sabh Paathisaaheeaa Amar Sabh Sabh Khuseeaa Sabh Khaan ||	All kingdoms, all royal commands, all joys and all delicacies.	ਪਾਤਿਸ਼ਾਹੀਆਂ ਤੇ ਹਕੂਮਤਾਂ; ਖ਼ੁਸ਼ੀਆਂ ਤੇ (ਚੰਗੇ) ਖਾਣੇ;
53357	1241	ਸਭੇ ਮਾਣਸ ਦੇਵ ਸਭਿ ਸਭੇ ਜੋਗ ਧਿਆਨ॥		Sabhae Maanas Dhaev Sabh Sabhae Jog Dhhiaan ||	All mankind, all divinites, all Yoga and meditation.	ਮਨੁੱਖ ਤੇ ਦੇਵਤੇ; ਜੋਗ ਦੀਆਂ ਸਮਾਧੀਆਂ;
53358	1241	ਸਭੇ ਪੁਰੀਆ ਖੰਡ ਸਭਿ ਸਭੇ ਜੀਅ ਜਹਾਨ॥		Sabhae Pureeaa Khandd Sabh Sabhae Jeea Jehaan ||	All worlds, all celestial realms; all the beings of the universe.	ਧਰਤੀਆਂ ਦੇ ਮੰਡਲ ਤੇ ਹਿੱਸੇ; ਸਾਰੇ ਜਗਤ ਦੇ ਜੀਆ ਜੰਤ-
53359	1241	ਹੁਕਮਿ ਚਲਾਏ ਆਪਣੈ ਕਰਮੀ ਵਹੈ ਕਲਾਮ॥		Hukam Chalaaeae Aapanai Karamee Vehai Kalaam ||	According to His Hukam, He commands them. His Pen writes out the account of their actions.	ਇਹਨਾਂ ਸਭਨਾਂ ਨੂੰ ਪਰਮਾਤਮਾ ਆਪਣੇ ਹੁਕਮ ਵਿਚ ਤੋਰਦਾ ਹੈ, ਪਰ ਉਸ ਦੇ ਹੁਕਮ ਦੀ ਕਲਮ ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਵਗਦੀ ਹੈ।

53360	1241	ਨਾਨਕ ਸਚਾ ਸਚਿ ਨਾਇ ਸਚੁ ਸਭਾ ਦੀਬਾਨੁ॥੨॥		Naanak Sachaa Sach Naae Sach Sabhaa Dheebaan ||2||	O Nanak, True is the Lord, and True is His Name. True is His Congregation and His Court. ||2||	ਹੇ ਨਾਨਕ! ਉਹ ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਸ ਦਾ ਦਰਬਾਰ ਸਦਾ-ਥਿਰ ਰਹਿਣ ਵਾਲਾ ਹੈ, ਉਸ ਦੇ ਨਾਮ ਵਿਚ ਜੁੜਿਆਂ ਉਸ ਦੀ ਪ੍ਰਾਪਤੀ ਹੁੰਦੀ ਹੈ।ਓ (ਭਾਵ, ਕਈ ਜੀਵ ਜੋਗ ਦੀ ਰਾਹੀਂ ਸੁਰਤ ਜੋੜਦੇ ਹਨ, ਕਈ ਵੇਦ ਪੁਰਾਨਾਂ ਦੇ ਪਾਠ ਕਰਦੇ ਹਨ, ਕੋਈ ਤਪ ਸਾਧਦੇ ਹਨ, ਕੋਈ ਭਜਨ ਗਾਉਂਦੇ ਹਨ, ਕੋਈ ਗਿਆਨ ਚਰਚਾ ਕਰਦੇ ਹਨ, ਕੋਈ ਉੱਚੀਆਂ ਅਕਲਾਂ ਦੁੜਾਂਦੇ ਹਨ, ਕੋਈ ਤੀਰਥਾਂ ਤੇ ਇਸ਼ਨਾਨ ਕਰ ਰਹੇ ਹਨ, ਕੋਈ ਪਾਤਸ਼ਾਹ ਬਣ ਕੇ ਹਕੂਮਤਾਂ ਕਰ ਰਹੇ ਹਨ, ਕੋਈ ਮੌਜਾਂ ਮਾਣ ਰਹੇ ਹਨ, ਕੋਈ ਵਧੀਆ ਖਾਣੇ ਖਾ ਰਹੇ ਹਨ, ਕੋਈ ਮਨੁੱਖ ਹਨ, ਕੋਈ ਦੇਵਤੇ, ਕੋਈ ਸਮਾਧੀਆਂ ਲਾ ਰਹੇ ਹਨ-ਸਾਰੇ ਜਗਤ ਦੇ ਜੀਅ-ਜੰਤ ਵਖੋ-ਵਖ ਆਹਰੇ ਲੱਗੇ ਹੋਏ ਹਨ। ਇਹ ਜੋ ਕੁਝ ਹੋ ਰਿਹਾ ਹੈ, ਪ੍ਰਭੂ ਦੇ ਹੁਕਮ ਵਿਚ ਹੋ ਰਿਹਾ ਹੈ, ਪਰ ਜੀਵਾਂ ਦੀ ਇਹ ਵਖੋ-ਵਖ ਕਿਸਮ ਦੀ ਰੁਚੀ
53361	1241	ਪਉੜੀ॥		Pourree ||	Pauree:	

53362	1241	ਨਾਇ ਮੰਨਿਐ ਸੁਖੁ ਊਪਜੈ ਨਾਮੇ ਗਤਿ ਹੋਈ॥		Naae Manniai Sukh Oopajai Naamae Gath Hoee ||	With faith in the Name, peace wells up; the Name brings emancipation.	ਜੇ ਮਨ ਨਾਮ ਸਿਮਰਨ ਵਿਚ ਗਿੱਝ ਜਾਏ ਤਾਂ (ਮਨ ਵਿਚ) ਸੁਖ ਪੈਦਾ ਹੁੰਦਾ ਹੈ, ਨਾਮ ਵਿਚ (ਗਿੱਝਿਆਂ) ਹੀ ਉੱਚੀ ਆਤਮਕ ਅਵਸਥਾ ਬਣਦੀ ਹੈ;
53363	1241	ਨਾਇ ਮੰਨਿਐ ਪਤਿ ਪਾਈਐ ਹਿਰਦੈ ਹਰਿ ਸੋਈ॥		Naae Manniai Path Paaeeai Hiradhai Har Soee ||	With faith in the Name, honor is obtained. The Lord is enshrined in the heart.	ਜੇ ਮਨ ਨਾਮ ਸਿਮਰਨ ਵਿਚ ਗਿੱਝ ਜਾਏ ਤਾਂ ਇੱਜ਼ਤ ਮਿਲਦੀ ਹੈ ਤੇ ਹਿਰਦੇ ਵਿਚ ਉਹ ਪ੍ਰਭੂ (ਆ ਵੱਸਦਾ ਹੈ);
53364	1241	ਨਾਇ ਮੰਨਿਐ ਭਵਜਲੁ ਲੰਘੀਐ ਫਿਰਿ ਬਿਘਨੁ ਨ ਹੋਈ॥		Naae Manniai Bhavajal Langheeai Fir Bighan N Hoee ||	With faith in the Name, one crosses over the terrifying world-ocean, and no obstructions are ever again encountered.	ਜੇ ਮਨ ਨਾਮ ਸਿਮਰਨ ਵਿਚ ਗਿੱਝ ਜਾਏ ਤਾਂ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ, ਤੇ (ਜ਼ਿੰਦਗੀ ਦੇ ਰਾਹ ਵਿਚ) ਕੋਈ ਰੋਕ ਨਹੀਂ ਪੈਂਦੀ;
53365	1241	ਨਾਇ ਮੰਨਿਐ ਪੰਥੁ ਪਰਗਟਾ ਨਾਮੇ ਸਭ ਲੋਈ॥		Naae Manniai Panthh Paragattaa Naamae Sabh Loee ||	With faith in the Name, the Path is revealed; through the Name, one is totally enlightened.	ਜੇ ਮਨ ਨਾਮ ਸਿਮਰਨ ਵਿਚ ਗਿੱਝ ਜਾਏ ਤਾਂ ਜੀਵਨ ਦਾ ਰਸਤਾ ਪ੍ਰਤੱਖ ਸਾਫ਼ ਦਿੱਸਣ ਲੱਗ ਪੈਂਦਾ ਹੈ ਕਿਉਂਕਿ ਨਾਮ ਵਿਚ ਸਾਰਾ ਚਾਨਣ ਹੈ (ਆਤਮਕ ਜੀਵਨ ਦੀ ਸੂਝ ਹੈ)।

53366	1241	ਨਾਨਕ ਸਤਿਗੁਰਿ ਮਿਲਿਐ ਨਾਉ ਮੰਨੀਐ ਜਿਨ ਦੇਵੈ ਸੋਈ॥੯॥		Naanak Sathigur Miliai Naao Manneeai Jin Dhaevai Soee ||9||	O Nanak, meeting with the True Guru, one comes to have faith in the Name; he alone has faith, who is blessed with it. ||9||	(ਪਰ) ਹੇ ਨਾਨਕ! ਜੇ ਸਤਿਗੁਰੂ ਮਿਲੇ ਤਾਂ ਹੀ ਨਾਮ-ਸਿਮਰਨ (ਜ਼ਿੰਦਗੀ ਦਾ ('ਪਰਗਟ ਪੰਥ') ਮੰਨਿਆ ਜਾ ਸਕਦਾ ਹੈ (ਤੇ ਇਹ ਦਾਤ ਉਹਨਾਂ ਨੂੰ ਮਿਲਦੀ ਹੈ) ਜਿਨ੍ਹਾਂ ਨੂੰ ਉਹ ਪ੍ਰਭੂ ਆਪ ਦੇਂਦਾ ਹੈ ॥੯॥
53367	1241	ਸਲੋਕ ਮਃ ੧॥		Salok Ma 1 ||	Shalok, First Mehl:	
53368	1241	ਪੁਰੀਆ ਖੰਡਾ ਸਿਰਿ ਕਰੇ ਇਕ ਪੈਰਿ ਧਿਆਏ॥		Pureeaa Khanddaa Sir Karae Eik Pair Dhhiaaeae ||	The mortal walks on his head through the worlds and realms; he meditates, balaced on one foot.	ਜੇ ਕੋਈ ਮਨੁੱਖ ਸਿਰ-ਪਰਨੇ ਹੋ ਕੇ ਸਾਰੀਆਂ ਧਰਤੀਆਂ ਤੇ ਧਰਤੀ ਦੇ ਸਾਰੇ ਹਿੱਸਿਆਂ ਤੇ ਫਿਰੇ; ਜੇ ਇਕ ਪੈਰ ਦੇ ਭਾਰ ਖਲੋ ਕੇ ਧਿਆਨ ਧਰੇ;
53369	1241	ਪਉਣੁ ਮਾਰਿ ਮਨਿ ਜਪੁ ਕਰੇ ਸਿਰੁ ਮੁੰਡੀ ਤਲੈ ਦੇਇ॥		Poun Maar Man Jap Karae Sir Munddee Thalai Dhaee ||	Controlling the wind of the breath, he meditates within his mind, tucking his chin down into his chest.	ਜੇ ਪ੍ਰਾਣ ਰੋਕ ਕੇ ਮਨ ਵਿਚ ਜਪ ਕਰੇ; ਜੇ ਆਪਣਾ ਸਿਰ ਧੌਣ ਦੇ ਹੇਠ ਰੱਖੇ (ਭਾਵ, ਜੇ ਸ਼ੀਰਸ਼-ਆਸਣ ਕਰ ਕੇ ਸਿਰ-ਭਾਰ ਖੜਾ ਰਹੇ)-
53370	1241	ਕਿਸੁ ਉਪਰਿ ਓਹੁ ਟਿਕ ਟਿਕੈ ਕਿਸ ਨੋ ਜੋਰੁ ਕਰੇਇ॥		Kis Oupar Ouhu Ttik Ttikai Kis No Jor Karaee ||	What does he lean on? Where does he get his power?	(ਤਾਂ ਭੀ ਇਹਨਾਂ ਵਿਚੋਂ) ਕਿਸ ਸਾਧਨ ਉਤੇ ਉਹ ਟੇਕ ਰੱਖਦਾ ਹੈ? ਕਿਸ ਉੱਦਮ ਨੂੰ ਉਹ ਆਪਣਾ ਤਾਣ ਬਣਾਂਦਾ ਹੈ? (ਭਾਵ, ਇਹ ਹਰੇਕ ਟੇਕ ਤੁੱਛ ਹੈ, ਇਹਨਾਂ ਦਾ ਆਸਰਾ ਕਮਜ਼ੋਰ ਹੈ)।

53371	1241	ਕਿਸ ਨੋ ਕਹੀਐ ਨਾਨਕਾ ਕਿਸ ਨੋ ਕਰਤਾ ਦੇਇ॥		Kis No Keheeai Naanakaa Kis No Karathaa Dhaee ||	What can be said, O Nanak? Who is blessed by the Creator?	ਹੇ ਨਾਨਕ! ਇਹ ਗੱਲ ਕਹੀ ਨਹੀਂ ਜਾ ਸਕਦੀ ਕਿ ਕਰਤਾਰ ਕਿਸ ਨੂੰ ਮਾਣ ਬਖ਼ਸ਼ਦਾ ਹੈ।
53372	1241	ਹੁਕਮਿ ਰਹਾਏ ਆਪਣੈ ਮੂਰਖੁ ਆਪੁ ਗਣੇਇ॥੧॥		Hukam Rehaaeae Aapanai Moorakh Aap Ganaee ||1||	God keeps all under His Command, but the fool shows off himself. ||1||	(ਪ੍ਰਭੂ ਸਭ ਜੀਵਾਂ ਨੂੰ) ਆਪਣੇ ਹੁਕਮ ਵਿਚ ਤੋਰਦਾ ਹੈ, ਪਰ ਮੂਰਖ ਆਪਣੇ ਆਪ ਨੂੰ (ਵੱਡਾ) ਸਮਝਣ ਲੱਗ ਪੈਂਦਾ ਹੈ ॥੧॥
53373	1241	ਮਃ ੧॥		Ma 1 ||	First Mehl:	
53374	1241	ਹੈ ਹੈ ਆਖਾਂ ਕੋਟਿ ਕੋਟਿ ਕੋਟੀ ਹੂ ਕੋਟਿ ਕੋਟਿ॥		Hai Hai Aakhaan Kott Kott Kottee Hoo Kott Kott ||	He is, He is - I say it millions upon millions, millions upon millions of times.	ਜੇ ਮੈਂ ਕ੍ਰੋੜਾਂ ਕ੍ਰੋੜਾਂ ਵਾਰ ਆਖਾਂ ਕਿ ਪਰਮਾਤਮਾ ਸੱਚ-ਮੁੱਚ ਹੈ, ਜੇ ਮੈਂ ਕ੍ਰੋੜਾਂ ਵਾਰੀ ਤੋਂ ਭੀ ਕ੍ਰੋੜਾਂ ਵਾਰੀ ਵਧੀਕ (ਇਹੀ ਗੱਲ) ਆਖਾਂ;
53375	1241	ਆਖੂੰ ਆਖਾਂ ਸਦਾ ਸਦਾ ਕਹਣਿ ਨ ਆਵੈ ਤੋਟਿ॥		Aakhoon Aakhaan Sadhaa Sadhaa Kehan N Aavai Thott ||	With my mouth I say it, forever and ever; there is no end to this speech.	ਜੇ ਮੈਂ ਇਹੀ ਗੱਲ ਸਦਾ ਹੀ ਆਪਣੇ ਮੂੰਹ ਨਾਲ ਆਖਦਾ ਰਹਾਂ, ਮੇਰੇ ਆਖਣ ਵਿਚ ਤ੍ਰੋਟ ਨਾਹ ਆਵੇ;
53376	1241	ਨਾ ਹਉ ਥਕਾਂ ਨ ਠਾਕੀਆ ਏਵਡ ਰਖਹਿ ਜੋਤਿ॥		Naa Ho Thhakaan N Thaakeeaa Eaevadd Rakhehi Joth ||	I do not get tired, and I will not be stopped; this is how great my determination is.	(ਹੇ ਪ੍ਰਭੂ!) ਜੇ ਤੂੰ ਮੇਰੇ ਵਿਚ ਇਤਨੀ ਸੱਤਿਆ ਪਾ ਦੇਵੇਂ ਕਿ ਮੈਂ ਆਖਦਾ ਆਖਦਾ ਨਾਹ ਹੀ ਥੱਕਾਂ ਤੇ ਨਾਹ ਹੀ ਕਿਸੇ ਦਾ ਰੋਕਿਆਂ ਰੁਕਾਂ,

53377	1241	ਨਾਨਕ ਚਸਿਅਹੁ ਚੁਖ ਬਿੰਦ ਉਪਰਿ ਆਖਣੁ ਦੋਸੁ॥੨॥		Naanak Chasiahu Chukh Bindh Oupar Aakhan Dhos ||2||	O Nanak, this is tiny and insignificant. To say that it is more, is wrong. ||2||	ਤਾਂ ਭੀ, ਹੇ ਨਾਨਕ! ਇਹ ਸਾਰਾ ਜਤਨ ਤੇਰੀ ਰਤਾ ਭਰ ਸਿਫ਼ਤ ਦੇ ਹੀ ਬਰਾਬਰ ਹੁੰਦਾ ਹੈ; ਜੇ ਮੈਂ ਆਖਾਂ ਕਿ ਏਦੂੰ ਵਧੀਕ ਸਿਫ਼ਤ ਮੈਂ ਕੀਤੀ ਹੈ ਤਾਂ (ਇਹ ਮੇਰੀ) ਭੁੱਲ ਹੈ ॥੨॥
53378	1241	ਪਉੜੀ॥		Pourree ||	Pauree:	
53379	1241	ਨਾਇ ਮੰਨਿਐ ਕੁਲੁ ਉਧਰੈ ਸਭੁ ਕੁਟੰਬੁ ਸਬਾਇਆ॥		Naae Manniai Kul Oudhharai Sabh Kuttanb Sabaaeiaa ||	With faith in the Name, all one's ancestors and family are saved.	ਜੇ ਮਨ ਨਾਮ ਸਿਮਰਨ ਵਿਚ ਗਿੱਝ ਜਾਏ ਤਾਂ (ਅਜੇਹੇ ਮਨੁੱਖ ਦੀ) ਸਾਰੀ ਕੁਲ ਸਾਰਾ ਪਰਵਾਰ (ਭਵਜਲ ਵਿਚੋਂ) ਬਚ ਜਾਂਦਾ ਹੈ।
53380	1241	ਨਾਇ ਮੰਨਿਐ ਸੰਗਤਿ ਉਧਰੈ ਜਿਨ ਰਿਦੈ ਵਸਾਇਆ॥		Naae Manniai Sangath Oudhharai Jin Ridhai Vasaaeiaa ||	With faith in the Name, one's associates are saved; enshrine it within your heart.	ਨਾਮ ਵਿਚ ਮਨ ਪਤੀਜਿਆਂ ਜਿਨ੍ਹਾਂ ਬੰਦਿਆਂ ਨੇ ਨਾਮ ਨੂੰ ਹਿਰਦੇ ਵਿਚ ਵਸਾ ਲਿਆ ਹੈ ਉਹਨਾਂ ਦੀ ਸਾਰੀ ਸੰਗਤ (ਸੰਸਾਰ-ਸਮੁੰਦਰ ਤੋਂ) ਪਾਰ ਉਤਰ ਜਾਂਦੀ ਹੈ।
53381	1241	ਨਾਇ ਮੰਨਿਐ ਸੁਣਿ ਉਧਰੇ ਜਿਨ ਰਸਨ ਰਸਾਇਆ॥		Naae Manniai Sun Oudhharae Jin Rasan Rasaaeiaa ||	With faith in the Name, those who hear it are saved; let your tongue delight in it.	ਨਾਮ ਵਿਚ ਗਿੱਝ ਕੇ ਜਿਨ੍ਹਾਂ ਨੇ ਜੀਭ ਨੂੰ ਨਾਮ ਨਾਲ ਇਕ-ਰਸ ਕਰ ਲਿਆ ਉਹ ਨਾਮ ਸੁਣ ਕੇ (ਮਾਇਆ ਦੇ ਪ੍ਰਭਾਵ ਤੋਂ) ਬਚ ਜਾਂਦੇ ਹਨ।

53382	1241	ਨਾਇ ਮੰਨਿਐ ਦੁਖ ਭੁਖ ਗਈ ਜਿਨ ਨਾਮਿ ਚਿਤੁ ਲਾਇਆ॥		Naae Manniai Dhukh Bhukh Gee Jin Naam Chith Laaeiaa ||	With faith in the Name, pain and hunger are dispelled; let your consciousness be attached to the Name.	ਨਾਮ ਵਿਚ ਗਿੱਝ ਕੇ ਜਿਨ੍ਹਾਂ ਨੇ ਨਾਮ ਵਿਚ ਮਨ ਜੋੜ ਲਿਆ ਉਹਨਾਂ ਦੇ ਦੁੱਖ ਦੂਰ ਹੋ ਜਾਂਦੇ ਹਨ ਉਹਨਾਂ ਦੀ (ਮਾਇਆ ਵਾਲੀ) ਭੁੱਖ ਮਿਟ ਜਾਂਦੀ ਹੈ।
53383	1241	ਨਾਨਕ ਨਾਮੁ ਤਿਨੀ ਸਾਲਾਹਿਆ ਜਿਨ ਗੁਰੂ ਮਿਲਾਇਆ॥੧੦॥		Naanak Naam Thinee Saalaahiaa Jin Guroo Milaaeiaa ||10||	O Nanak, they alone Praise the Name, who meet with the Guru. ||10||	ਪਰ, ਹੇ ਨਾਨਕ! ਉਹੀ ਬੰਦੇ ਨਾਮ ਸਿਮਰਦੇ ਹਨ ਜਿਨ੍ਹਾਂ ਨੂੰ ਪ੍ਰਭੂ ਸਤਿਗੁਰੂ ਮਿਲਾਂਦਾ ਹੈ ॥੧੦॥
53384	1241	ਸਲੋਕ ਮਃ ੧॥		Salok Ma 1 ||	Shalok, First Mehl:	
53385	1241	ਸਭੇ ਰਾਤੀ ਸਭਿ ਦਿਹ ਸਭਿ ਥਿਤੀ ਸਭਿ ਵਾਰ॥	ਸੱਭੇ	Sabhae Raathee Sabh Dhih Sabh Thhithee Sabh Vaar ||	All nights, all days, all dates, all days of the week;	ਰਾਤਾਂ, ਦਿਹਾੜੇ, ਥਿੱਤਾਂ, ਵਾਰ,
53386	1241	ਸਭੇ ਰੁਤੀ ਮਾਹ ਸਭਿ ਸਭਿ ਧਰਤੀ ਸਭਿ ਭਾਰ॥		Sabhae Ruthee Maah Sabh Sabh Dhharathanaee Sabh Bhaar ||	All seasons, all months, all the earth and everything on it.	ਰੁੱਤਾਂ, ਮਹੀਨੇ; ਧਰਤੀਆਂ ਤੇ ਧਰਤੀਆਂ ਉਤੇ ਪੈਦਾ ਹੋਏ ਸਾਰੇ ਪਦਾਰਥ,

53387	1241	ਸਭੇ ਪਾਣੀ ਪਉਣ ਸਭਿ ਸਭਿ ਅਗਨੀ ਪਾਤਾਲ॥		Sabhae Paanee Poun Sabh Sabh Aganee Paathaal ||	All waters, all winds, all fires and underworlds.	ਹਵਾ, ਪਾਣੀ, ਅੱਗ, ਧਰਤੀ ਦੇ ਹੇਠਲੇ ਪਾਸੇ (ਦੇ ਪਦਾਰਥ);
53388	1241	ਸਭੇ ਪੁਰੀਆ ਖੰਡ ਸਭਿ ਸਭਿ ਲੋਅ ਲੋਅ ਆਕਾਰ॥		Sabhae Pureeaa Khandd Sabh Sabh Loa Loa Aakaar ||	All solar systems and galaxies, all worlds, people and forms.	ਧਰਤੀਆਂ ਦੇ ਮੰਡਲ, ਬ੍ਰਹਮੰਡ ਦੇ ਬੇਅੰਤ ਹਿੱਸੇ, ਹਰੇਕ ਲੋਕ ਦੇ (ਬੇਅੰਤ ਕਿਸਮਾਂ ਦੇ) ਜੀਅ ਜੰਤ-
53389	1241	ਹੁਕਮੁ ਨ ਜਾਪੀ ਕੇਤੜਾ ਕਹਿ ਨ ਸਕੀਜੈ ਕਾਰ॥	ਕੇੱਤੜਾ	Hukam N Jaapee Kaetharraa Kehi N Sakeejai Kaar ||	No one knows how great the Hukam of His Command is; no one can describe His actions.	ਇਹ ਸਾਰੀ ਰਚਨਾ (ਕੇਡੀ ਕੁ ਹੈ) ਬਿਆਨ ਨਹੀਂ ਕੀਤੀ ਜਾ ਸਕਦੀ, (ਇਸ ਰਚਨਾ ਨੂੰ ਬਣਾਣ ਵਾਲੇ ਪ੍ਰਭੂ ਦਾ) ਹੁਕਮ ਕਿਤਨਾ ਵੱਡਾ ਹੈ-ਇਹ ਭੀ ਪਤਾ ਨਹੀਂ ਲੱਗ ਸਕਦਾ।
53390	1241	ਆਖਹਿ ਥਕਹਿ ਆਖਿ ਆਖਿ ਕਰਿ ਸਿਫਤੀ ਵੀਚਾਰ॥		Aakhehi Thhakehi Aakh Aakh Kar Sifathanaee Veechaar ||	Mortals may utter, chant, recite and contemplate His Praises until they grow weary.	ਪਰਮਾਤਮਾ ਦੀਆਂ ਸਿਫ਼ਤਾਂ ਦਾ ਵਿਚਾਰ ਕਰ ਕੇ ਲੋਕ ਮੁੜ ਮੁੜ ਬੇਅੰਤ ਵਾਰੀ (ਉਸ ਦੀਆਂ ਵਡਿਆਈਆਂ) ਬਿਆਨ ਕਰਦੇ ਹਨ ਤੇ (ਬਿਆਨ ਕਰ ਕੇ) ਥੱਕ ਜਾਂਦੇ ਹਨ;
53391	1241	ਤ੍ਰਿਣੁ ਨ ਪਾਇਓ ਬਪੁੜੀ ਨਾਨਕੁ ਕਹੈ ਗਵਾਰ॥੧॥		Thrin N Paaeiou Bapurree Naanak Kehai Gavaar ||1||	The poor fools, O Nanak, cannot find even a tiny bit of the Lord. ||1||	ਪਰ, ਨਾਨਕ ਆਖਦਾ ਹੈ, ਵਿਚਾਰੇ ਗੰਵਾਰਾਂ ਨੇ ਪ੍ਰਭੂ ਦਾ ਰਤਾ ਭਰ ਭੀ ਅੰਤ ਨਹੀਂ ਲੱਭਾ ॥੧॥
53392	1241	ਮਃ ੧॥		Ma 1 ||	First Mehl:	

53393	1241	ਅਖੀ ਪਰਨੈ ਜੇ ਫਿਰਾਂ ਦੇਖਾਂ ਸਭੁ ਆਕਾਰੁ॥		Akhanaee Paranai Jae Firaan Dhaekhaan Sabh Aakaar ||	If I were to walk around with my eyes wide open, gazing at all the created forms;	ਜੇ ਮੈਂ ਅੱਖਾਂ ਦੇ ਭਾਰ ਹੋ ਕੇ ਫਿਰਾਂ ਤੇ ਸਾਰਾ ਜਗਤ (ਫਿਰ ਕੇ) ਵੇਖ ਲਵਾਂ;
53394	1241	ਪੁਛਾ ਗਿਆਨੀ ਪੰਡਿਤਾਂ ਪੁਛਾ ਬੇਦ ਬੀਚਾਰ॥		Pushhaa Giaanee Panddithaan Pushhaa Baedh Beechaar ||	I could ask the spiritual teachers and religious scholars, and those who contemplate the Vedas;	ਜੇ ਮੈਂ ਗਿਆਨਵਾਨ ਪੰਡਿਤਾਂ ਨੂੰ ਵੇਦਾਂ ਦੇ ਡੂੰਘੇ ਭੇਤ ਪੁੱਛ ਲਵਾਂ;
53395	1242	ਪੁਛਾ ਦੇਵਾਂ ਮਾਣਸਾਂ ਜੋਧ ਕਰਹਿ ਅਵਤਾਰ॥		Pushhaa Dhaevaan Maanasaan Jodhh Karehi Avathaar ||	I could ask the gods, mortal men, warriors and divine incarnations;	ਜੇ ਮੈਂ ਦੇਵਤਿਆਂ ਨੂੰ ਜਾ ਪੁੱਛਾਂ, ਉਹਨਾਂ ਮਨੁੱਖਾਂ ਨੂੰ ਜਾ ਕੇ ਪੁੱਛਾਂ ਜੋ ਬੜੇ ਬੜੇ ਸੂਰਮੇ ਬਣਦੇ ਹਨ;
53396	1242	ਸਿਧ ਸਮਾਧੀ ਸਭਿ ਸੁਣੀ ਜਾਇ ਦੇਖਾਂ ਦਰਬਾਰੁ॥		Sidhh Samaadhhee Sabh Sunee Jaae Dhaekhaan Dharabaar ||	I could consult all the Siddhas in Samaadhi, and go to see the Lord's Court.	ਜੇ ਸਮਾਧੀ ਲਾਣ ਵਾਲੇ ਪੁੱਗੇ ਹੋਏ ਜੋਗੀਆਂ ਦੀਆਂ ਸਾਰੀਆਂ ਮੱਤਾਂ ਜਾ ਸੁਣਾਂ ਕਿ ਪ੍ਰਭੂ ਦਾ ਦਰਬਾਰ ਮੈਂ ਕਿਵੇਂ ਜਾ ਕੇ ਵੇਖਾਂ-
53397	1242	ਅਗੈ ਸਚਾ ਸਚਿ ਨਾਇ ਨਿਰਭਉ ਭੈ ਵਿਣੁ ਸਾਰੁ॥		Agai Sachaa Sach Naae Nirabho Bhai Vin Saar ||	Hereafter, Truth is the Name of all; the Fearless Lord has no fear at all.	(ਇਹਨਾਂ ਸਾਰੇ ਉੱਦਮਾਂ ਦੇ) ਸਾਹਮਣੇ (ਇੱਕੋ ਹੀ ਸੁਚੱਜੀ ਮੱਤ ਹੈ ਕਿ) ਸਦਾ ਕਾਇਮ ਰਹਿਣ ਵਾਲਾ ਪ੍ਰਭੂ, ਜੋ ਨਿਰਭਉ ਹੈ ਜਿਸ ਨੂੰ ਕਿਸੇ ਦਾ ਡਰ ਨਹੀਂ ਤੇ ਜੋ ਸਾਰੇ ਜਗਤ ਦਾ ਮੂਲ ਹੈ, ਸਿਮਰਨ ਦੀ ਰਾਹੀਂ ਹੀ ਮਿਲਦਾ ਹੈ;

53398	1242	ਹੋਰ ਕਚੀ ਮਤੀ ਕਚੁ ਪਿਚੁ ਅੰਧਿਆ ਅੰਧੁ ਬੀਚਾਰੁ॥	ਕੱਚੀ। ਮੱਤੀ। ਕੱਚੁ। ਪਿਚੁ: ਪੋਲਾ ਬੋਲੋ	Hor Kachee Mathee Kach Pich Andhhiaa Andhh Beechaar ||	False are other intellectualisms, false and shallow; blind are the contemplations of the blind.	(ਸਿਮਰਨ ਤੋਂ ਬਿਨਾ) ਹੋਰ ਸਾਰੀਆਂ ਮੱਤਾਂ ਕੱਚੀਆਂ ਹਨ, ਹੋਰ ਸਾਰੇ ਉੱਦਮ ਕੱਚੇ-ਪਿੱਲੇ ਹਨ (ਸਿਮਰਨ ਤੋਂ ਖੁੰਝੇ ਹੋਏ) ਅੰਨ੍ਹਿਆਂ ਦੇ ਅੰਨ੍ਹੇ ਟਟੋਲੇ ਹੀ ਹਨ।
53399	1242	ਨਾਨਕ ਕਰਮੀ ਬੰਦਗੀ ਨਦਰਿ ਲੰਘਾਏ ਪਾਰਿ॥੨॥		Naanak Karamee Bandhagee Nadhar Langhaaeae Paar ||2||	O Nanak, by the karma of good actions, the mortal comes to meditate on the Lord; by His Grace, we are carried across. ||2||	ਹੇ ਨਾਨਕ! ਇਹ ਸਿਮਰਨ ਪ੍ਰਭੂ ਦੀ ਮਿਹਰ ਨਾਲ ਮਿਲਦਾ ਹੈ, ਪ੍ਰਭੂ ਆਪਣੀ ਮਿਹਰ ਦੀ ਨਜ਼ਰ ਨਾਲ ਹੀ ਪਾਰ ਲੰਘਾਂਦਾ ਹੈ ॥੨॥
53400	1242	ਪਉੜੀ॥		Pourree ||	Pauree:	
53401	1242	ਨਾਇ ਮੰਨਿਐ ਦੁਰਮਤਿ ਗਈ ਮਤਿ ਪਰਗਟੀ ਆਇਆ॥		Naae Manniai Dhuramath Gee Math Paragattee Aaeiaa ||	With faith in the Name, evil-mindedness is eradicated, and the intellect is enlightened.	ਜੇ ਮਨ ਨਾਮ ਸਿਮਰਨ ਵਿਚ ਗਿੱਝ ਜਾਏ ਤਾਂ ਭੈੜੀ ਮੱਤ ਦੂਰ ਹੋ ਜਾਂਦੀ ਹੈ ਤੇ (ਚੰਗੀ) ਮੱਤ ਚਮਕ ਪੈਂਦੀ ਹੈ;
53402	1242	ਨਾਉ ਮੰਨਿਐ ਹਉਮੈ ਗਈ ਸਭਿ ਰੋਗ ਗਵਾਇਆ॥		Naao Manniai Houmai Gee Sabh Rog Gavaaeiaa ||	With faith in the Name, egotism is eradicated, and all sickness is cured.	ਜੇ ਮਨ ਨਾਮ ਸਿਮਰਨ ਵਿਚ ਗਿੱਝ ਜਾਏ ਤਾਂ ਹਉਮੈ ਦੂਰ ਹੋ ਜਾਂਦੀ ਹੈ, ਸਾਰੇ ਹੀ (ਮਨ ਦੇ) ਰੋਗ ਨਾਸ ਹੋ ਜਾਂਦੇ ਹਨ;

53403	1242	ਨਾਇ ਮੰਨਿਐ ਨਾਮੁ ਊਪਜੈ ਸਹਜੇ ਸੁਖੁ ਪਾਇਆ॥		Naae Manniai Naam Oopajai Sehajae Sukh Paaeiaa ||	Believing in the Name, The Name wells up, and intuitive peace and poise are obtained.	ਜੇ ਨਾਮ ਵਿਚ ਮਨ ਗਿੱਝ ਜਾਏ ਤਾਂ (ਮਨ ਵਿਚ) ਨਾਮ (ਜਪਣ ਦਾ ਚਾਉ) ਪੈਦਾ ਹੋ ਜਾਂਦਾ ਹੈ ਤੇ ਅਡੋਲ ਅਵਸਥਾ ਵਿਚ ਅੱਪੜ ਕੇ ਸੁਖ ਪ੍ਰਾਪਤ ਹੁੰਦਾ ਹੈ;
53404	1242	ਨਾਇ ਮੰਨਿਐ ਸਾਂਤਿ ਊਪਜੈ ਹਰਿ ਮੰਨਿ ਵਸਾਇਆ॥		Naae Manniai Saanth Oopajai Har Mann Vasaaeiaa ||	Believing in the Name, tranquility and peace well up, and the Lord is enshrined in the mind.	ਜੇ ਮਨ ਨਾਮ ਸਿਮਰਨ ਵਿਚ ਗਿੱਝ ਜਾਏ ਤਾਂ ਮਨ ਵਿਚ ਠੰਢ ਵਰਤ ਜਾਂਦੀ ਹੈ, ਪ੍ਰਭੂ ਮਨ ਵਿਚ ਆ ਵੱਸਦਾ ਹੈ।
53405	1242	ਨਾਨਕ ਨਾਮੁ ਰਤੰਨੁ ਹੈ ਗੁਰਮੁਖਿ ਹਰਿ ਧਿਆਇਆ॥੧੧॥		Naanak Naam Rathann Hai Guramukh Har Dhhiaaeiaa ||11||	O Nanak, the Name is a jewel; the Gurmukh meditates on the Lord. ||11||	ਹੇ ਨਾਨਕ! (ਪ੍ਰਭੂ ਦਾ) ਨਾਮ (ਮਾਨੋ) ਇਕ ਕੀਮਤੀ ਮੋਤੀ ਹੈ, ਪਰ ਹਰਿ-ਨਾਮ ਸਿਮਰਦਾ ਉਹ ਮਨੁੱਖ ਹੈ ਜੋ ਗੁਰੂ ਦੇ ਸਨਮੁਖ ਹੁੰਦਾ ਹੈ ॥੧੧॥
53406	1242	ਸਲੋਕ ਮਃ ੧॥		Salok Ma 1 ||	Shalok, First Mehl:	
53407	1242	ਹੋਰੁ ਸਰੀਕੁ ਹੋਵੈ ਕੋਈ ਤੇਰਾ ਤਿਸੁ ਅਗੈ ਤੁਧੁ ਆਖਾਂ॥		Hor Sareek Hovai Koee Thaeraa This Agai Thudhh Aakhaan ||	If there were any other equal to You, O Lord, I would speak to them of You.	ਹੇ ਪ੍ਰਭੂ! ਜੇ ਕੋਈ ਹੋਰ ਤੇਰੇ ਬਰਾਬਰ ਦਾ ਹੋਵੇ ਤਾਂ ਹੀ ਉਸ ਦੇ ਸਾਹਮਣੇ ਮੈਂ ਤੇਰਾ ਜ਼ਿਕਰ ਕਰਾਂ (ਪਰ ਤੇਰੇ ਵਰਗਾ ਹੋਰ ਕੋਈ ਨਹੀਂ ਹੈ)

53408	1242	ਤੁਧੁ ਅਗੈ ਤੁਧੈ ਸਾਲਾਹੀ ਮੈ ਅੰਧੇ ਨਾਉ ਸੁਜਾਖਾ॥		Thudhh Agai Thudhhai Saalaahee Mai Andhhae Naao Sujaakhaa ||	You, I praise You; I am blind, but through the Name, I am all-seeing.	(ਸੋ) ਤੇਰੀ ਸਿਫ਼ਤ-ਸਾਲਾਹ ਮੈਂ ਤੇਰੇ ਅੱਗੇ ਹੀ ਕਰ ਸਕਦਾ ਹਾਂ (ਤੇਰੇ ਵਰਗਾ ਮੈਂ ਤੈਨੂੰ ਹੀ ਆਖ ਸਕਦਾ ਹਾਂ, ਤੇ ਜਿਉਂ ਜਿਉਂ ਮੈਂ ਤੇਰੀ ਸਿਫ਼ਤ ਕਰਦਾ ਹਾਂ) ਤੇਰਾ ਨਾਮ ਮੈਨੂੰ (ਆਤਮਕ ਜੀਵਨ ਵਲੋਂ) ਅੰਨ੍ਹੇ ਨੂੰ ਅੱਖਾਂ ਲਈ ਚਾਨਣ ਦੇਂਦਾ ਹੈ।
53409	1242	ਜੇਤਾ ਆਖਣੁ ਸਾਹੀ ਸਬਦੀ ਭਾਖਿਆ ਭਾਇ ਸੁਭਾਈ॥		Jaethaa Aakhan Saahee Sabadhee Bhaakhiaa Bhaae Subhaaee ||	Whatever is spoken, is the Word of the Shabad. Chanting it with love, we are embellished.	ਲਿਖ ਕੇ ਜਾਂ ਬੋਲ ਕੇ ਜੋ ਕੁਝ ਮੈਂ ਤੇਰੀ ਸਿਫ਼ਤ ਵਿਚ ਆਖਿਆ ਹੈ ਉਹ ਸਭ ਤੇਰੇ ਪਿਆਰ ਦੀ ਖਿੱਚ ਵਿਚ ਹੀ ਆਖਿਆ ਹੈ;
53410	1242	ਨਾਨਕ ਬਹੁਤਾ ਏਹੋ ਆਖਣੁ ਸਭ ਤੇਰੀ ਵਡਿਆਈ॥੧॥		Naanak Bahuthaa Eaeho Aakhan Sabh Thaeree Vaddiaaee ||1||	Nanak, this is the greatest thing to say: all glorious greatness is Yours. ||1||	ਨਹੀਂ ਤਾਂ ਸਭ ਤੋਂ ਵੱਡੀ ਗੱਲ ਆਖਣੀ ਨਾਨਕ ਨੂੰ ਇਹੋ ਫਬਦੀ ਹੈ ਕਿ (ਜੋ ਕੁਝ ਹੈ) ਸਭ ਤੇਰੀ ਹੀ ਵਡਿਆਈ ਹੈ ॥੧॥
53411	1242	ਮਃ ੧॥		Ma 1 ||	First Mehl:	

53412	1242	ਜਾਂ ਨ ਸਿਆ ਕਿਆ ਚਾਕਰੀ ਜਾਂ ਜੰਮੇ ਕਿਆ ਕਾਰ॥	ਜੀਵ ਅਸਮਰੱਥ, ਕਰਤਾਰ ਜੀ ਸਰਬ ਕਲਾ ਸਮਰੱਥ ਫ਼ੁਰਮਾਉਂਦੇ ਹਨ: (ਜਾਂ) ਜਦੋਂ ਜੀਵ ਦਾ ਵਜੂਦ ਕਿਛ ਭੀ ਨਹੀਂ, (ਸਿਆ) ਸੀ। ਚੱਾਕਰੀ	Jaan N Siaa Kiaa Chaakaree Jaan Janmae Kiaa Kaar ||	When there was nothing, what happened? What happens when one is born?	ਜਦੋਂ ਜੀਵ ਹੋਂਦ ਵਿਚ ਨਹੀਂ ਸੀ ਆਇਆ ਤਦੋਂ ਇਹ ਕੇਹੜੀ ਕਮਾਈ ਕਰ ਸਕਦਾ ਸੀ, ਤੇ ਜਦੋਂ ਜੰਮ ਪਏ ਤਾਂ ਭੀ ਕੇਹੜੀ ਕਿਰਤ ਕੀਤੀ? (ਭਾਵ, ਜੀਵ ਦੇ ਕੁਝ ਵੱਸ ਨਹੀਂ);
53413	1242	ਸਭਿ ਕਾਰਣ ਕਰਤਾ ਕਰੇ ਦੇਖੈ ਵਾਰੋ ਵਾਰ॥		Sabh Kaaran Karathaa Karae Dhaekhai Vaaro Vaar ||	The Creator, the Doer, does all; He watches over all, again and again	ਜਿਸਨੇ ਪੈਦਾ ਕੀਤਾ ਹੈ ਉਹ ਆਪ ਹੀ ਸਾਰੇ ਸਬੱਬ ਬਣਾਂਦਾ ਹੈ ਤੇ ਸਦਾ ਜੀਵਾਂ ਦੀ ਸੰਭਾਲ ਕਰਦਾ ਹੈ;
53414	1242	ਜੇ ਚੁਪੈ ਜੇ ਮੰਗਿਐ ਦਾਤਿ ਕਰੇ ਦਾਤਾਰੁ॥		Jae Chupai Jae Mangiai Dhaath Karae Dhaathaar ||	. Whether we keep silent or beg out loud, the Great Giver blesses us with His gifts.	ਭਾਵੇਂ ਚੁੱਪ ਕਰ ਰਹੀਏ ਤੇ ਭਾਵੇਂ ਮੰਗੀਏ, ਦਾਤਾਂ ਦੇਣ ਵਾਲਾ ਕਰਤਾਰ ਆਪ ਹੀ ਦਾਤਾਂ ਦੇਂਦਾ ਹੈ।
53415	1242	ਇਕੁ ਦਾਤਾ ਸਭਿ ਮੰਗਤੇ ਫਿਰਿ ਦੇਖਹਿ ਆਕਾਰੁ॥		Eik Dhaathaa Sabh Mangathae Fir Dhaekhehi Aakaar ||	The One Lord is the Giver; we are all beggars. I have seen this throughout the Universe.	ਜਦੋਂ ਜੀਵ ਸਾਰਾ ਜਗਤ ਫਿਰ ਕੇ (ਇਹ ਗੱਲ) ਵੇਖ ਲੈਂਦੇ ਹਨ (ਤਾਂ ਆਖਦੇ ਹਨ ਕਿ) ਇਕ ਪਰਮਾਤਮਾ ਦਾਤਾ ਹੈ ਤੇ ਸਾਰੇ ਜੀਵ ਉਸ ਦੇ ਮੰਗਤੇ ਹਨ।
53416	1242	ਨਾਨਕ ਏਵੈ ਜਾਣੀਐ ਜੀਵੈ ਦੇਵਣਹਾਰੁ॥੨॥		Naanak Eaevai Jaaneeai Jeevai Dhaevanehaar ||2||	Nanak knows this: the Great Giver lives forever. ||2||	ਹੇ ਨਾਨਕ! ਇਸ ਤਰ੍ਹਾਂ ਸਮਝ ਪੈਂਦੀ ਹੈ ਕਿ ਦਾਤਾਂ ਦੇਣ ਵਾਲਾ ਪ੍ਰਭੂ (ਸਦਾ ਹੀ) ਜੀਉਂਦਾ ਰਹਿੰਦਾ ਹੈ ॥੨॥
53417	1242	ਪਉੜੀ॥		Pourree ||	Pauree:	

53418	1242	ਨਾਇ ਮੰਨਿਐ ਸੁਰਤਿ ਉਪਜੈ ਨਾਮੇ ਮਤਿ ਹੋਈ ॥		Naae Manniai Surath Oopajai Naamae Math Hoee ||	With faith in the Name, intuitive awareness wells up; through the Name, intelligence comes.	ਜੇ ਮਨ ਨਾਮ ਵਿਚ ਗਿੱਝ ਜਾਏ ਤਾਂ (ਅੰਦਰ ਨਾਮ ਦੀ) ਲਿਵ ਪੈਦਾ ਹੋਈ ਰਹਿੰਦੀ ਹੈ ਤੇ ਨਾਮ ਵਿਚ ਹੀ ਮੱਤ (ਪ੍ਰਵਿਰਤ ਹੁੰਦੀ) ਹੈ;
53419	1242	ਨਾਇ ਮੰਨਿਐ ਗੁਣ ਉਚਰੈ ਨਾਮੇ ਸੁਖਿ ਸੋਈ॥		Naae Manniai Gun Oucharai Naamae Sukh Soee ||	With faith in the Name, chant the Glories of God; through the Name, peace is obtained.	ਜੇ ਮਨ ਨਾਮ ਵਿਚ ਗਿੱਝ ਜਾਏ ਤਾਂ ਮਨੁੱਖ ਪ੍ਰਭੂ ਦੇ ਗੁਣ ਆਖਣ ਲੱਗ ਪੈਂਦਾ ਹੈ ਤੇ ਨਾਮ ਵਿਚ ਹੀ ਸੁਖ ਆਨੰਦ ਨਾਲ ਟਿਕਦਾ ਹੈ;
53420	1242	ਨਾਇ ਮੰਨਿਐ ਭ੍ਰਮੁ ਕਟੀਐ ਫਿਰਿ ਦੁਖੁ ਨ ਹੋਈ॥		Naae Manniai Bhram Katteeai Fir Dhukh N Hoee ||	With faith in the Name, doubt is eradicated, and the mortal never suffers again.	ਜੇ ਮਨ ਨਾਮ ਵਿਚ ਗਿੱਝ ਜਾਏ ਤਾਂ ਭਟਕਣਾ ਕੱਟੀ ਜਾਂਦੀ ਹੈ, ਤੇ ਫਿਰ ਕੋਈ ਦੁੱਖ ਨਹੀਂ ਵਿਆਪਦਾ;
53421	1242	ਨਾਇ ਮੰਨਿਐ ਸਾਲਾਹੀਐ ਪਾਪਾਂ ਮਤਿ ਧੋਈ॥		Naae Manniai Saalaaheeai Paapaan Math Dhhoee ||	With faith in the Name, sing His Praises, and your sinful intellect shall be washed clean.	ਪ੍ਰਭੂ ਦੀ ਸਿਫ਼ਤ-ਸਾਲਾਹ ਕਰਨ ਲੱਗ ਪਈਦੀ ਹੈ ਤੇ ਪਾਪਾਂ ਵਾਲੀ ਮੱਤ ਧੁੱਪ ਜਾਂਦੀ ਹੈ।
53422	1242	ਨਾਨਕ ਪੂਰੇ ਗੁਰ ਤੇ ਨਾਉ ਮੰਨੀਐ ਜਿਨ ਦੇਵੈ ਸੋਈ॥੧੨॥		Naanak Poorae Gur Thae Naao Manneeai Jin Dhaevai Soee ||12||	O Nanak, through the Perfect Guru, one comes to have faith in the Name; they alone receive it, unto whom He gives it. ||12||	ਹੇ ਨਾਨਕ! ਪੂਰੇ ਸਤਿਗੁਰੂ ਤੋਂ ਇਹ ਨਿਸ਼ਚਾ ਆਉਂਦਾ ਹੈ ਕਿ ਨਾਮ (-ਸਿਮਰਨ ਜੀਵਨ ਦਾ ਸਹੀ ਰਸਤਾ) ਹੈ (ਇਹ ਦਾਤ ਉਹਨਾਂ ਨੂੰ ਮਿਲਦੀ ਹੈ) ਜਿਨ੍ਹਾਂ ਨੂੰ ਉਹ ਪ੍ਰਭੂ ਆਪ ਦੇਂਦਾ ਹੈ ॥੧੨॥
53423	1242	ਸਲੋਕ ਮਃ ੧॥		Salok Ma 1 ||	Shalok, First Mehl:	

53424	1242	ਸਾਸਤ੍ਰ ਬੇਦ ਪੁਰਾਣ ਪੜ੍ਹੰਤਾ॥		Saasathr Baedh Puraan Parrhanthaa ||	Some read the Shaastras, the Vedas and the Puraanas.	(ਜਦ ਤਕ ਮਨੁੱਖ) ਸ਼ਾਸਤ੍ਰਾਂ ਵੇਦ ਪੁਰਾਣ (ਆਦਿਕ ਧਰਮ-ਪੁਸਤਕਾਂ ਨੂੰ ਨਿਰਾ) ਪੜ੍ਹਦਾ ਰਹਿੰਦਾ ਹੈ,
53425	1242	ਪੂਕਾਰੰਤਾ ਅਜਾਣੰਤਾ॥	(ਪੂਕਾਰੰਤਾ) ਪੁਕਾਰਦਾ। (ਅਜਾਣੰਤਾ) ਅਨਜਾਣ, ਅਗਿਆਨੀ	Pookaaranthaa Ajaananthaa ||	They recite them, out of ignorance.	(ਉਤਨਾ ਚਿਰ) ਉੱਚੀ ਉੱਚੀ ਬੋਲਦਾ ਹੈ (ਹੋਰਨਾਂ ਨੂੰ ਸੁਣਾਉਂਦਾ ਹੈ) ਪਰ ਆਪ ਸਮਝਦਾ ਕੁਝ ਨਹੀਂ;
53426	1242	ਜਾਂ ਬੂਝੈ ਤਾਂ ਸੂਝੈ ਸੋਈ॥		Jaan Boojhai Thaan Soojhai Soee ||	If they really understood them, they would realize the Lord.	ਜਦੋਂ (ਧਰਮ ਪੁਸਤਕਾਂ ਦੇ ਉਪਦੇਸ਼ ਦਾ) ਭੇਤ ਪਾ ਲੈਂਦਾ ਹੈ ਤਦੋਂ (ਇਸ ਨੂੰ ਹਰ ਥਾਂ) ਪ੍ਰਭੂ ਹੀ ਦਿੱਸਦਾ ਹੈ,
53427	1242	ਨਾਨਕੁ ਆਖੈ ਕੂਕ ਨ ਹੋਈ॥੧॥		Naanak Aakhai Kook N Hoee ||1||	Nanak says, there is no need to shout so loud. ||1||	ਤੇ, ਨਾਨਕ ਆਖਦਾ ਹੈ, ਇਸ ਦੀਆਂ ਟਾਹਰਾਂ ਮੁੱਕ ਜਾਂਦੀਆਂ ਹਨ ॥੧॥
53428	1242	ਮਃ ੧॥		Ma 1 ||	First Mehl:	
53429	1242	ਜਾਂ ਹਉ ਤੇਰਾ ਤਾਂ ਸਭੁ ਕਿਛੁ ਮੇਰਾ ਹਉ ਨਾਹੀ ਤੂ ਹੋਵਹਿ॥		Jaan Ho Thaeraa Thaan Sabh Kishh Maeraa Ho Naahee Thoo Hovehi ||	When I am Yours, then everything is mine. When I am not, You are.	ਜਦੋਂ ਮੈਂ ਤੇਰਾ ਬਣ ਜਾਂਦਾ ਹਾਂ ਤਦੋਂ ਜਗਤ ਵਿਚ ਸਭ ਕੁਝ ਮੈਨੂੰ ਆਪਣਾ ਜਾਪਦਾ ਹੈ (ਕਿਉਂਕਿ ਉਸ ਵੇਲੇ) ਮੇਰੀ ਅਪਣੱਤ ਨਹੀਂ ਹੁੰਦੀ, ਤੂੰ ਹੀ ਮੈਨੂੰ ਦਿੱਸਦਾ ਹੈਂ,
53430	1242	ਆਪੇ ਸਕਤਾ ਆਪੇ ਸੁਰਤਾ ਸਕਤੀ ਜਗਤੁ ਪਰੋਵਹਿ॥	ਜੱਗਤੁ	Aapae Sakathaa Aapae Surathaa Sakathee Jagath Parovehi ||	You Yourself are All-powerful, and You Yourself are the Intuitive Knower. The whole world is strung on the Power of Your Shakti.	ਤੂੰ ਆਪ ਹੀ ਜ਼ੋਰ ਦਾ ਮਾਲਕ, ਤੂੰ ਆਪ ਹੀ ਸੁਰਤ ਦਾ ਮਾਲਕ ਮੈਨੂੰ ਪ੍ਰਤੀਤ ਹੁੰਦਾ ਹੈਂ, ਤੂੰ ਆਪ ਹੀ ਜਗਤ ਨੂੰ ਆਪਣੀ ਸੱਤਿਆ (ਦੇ ਧਾਗੇ) ਵਿਚ ਪਰੋਣ ਵਾਲਾ ਜਾਪਦਾ ਹੈਂ।

53431	1242	ਆਪੇ ਭੇਜੇ ਆਪੇ ਸਦੇ ਰਚਨਾ ਰਚਿ ਰਚਿ ਵੇਖੈ॥		Aapae Bhaejae Aapae Sadhae Rachanaa Rach Rach Vaekhai ||	You Yourself send out the mortal beings, and You Yourself call them back home. Having created the creation, You behold it.	ਪ੍ਰਭੂ ਆਪ ਹੀ (ਜੀਵਾਂ ਨੂੰ ਇਥੇ) ਭੇਜਦਾ ਹੈ, ਆਪ ਹੀ (ਇਥੋਂ ਵਾਪਸ) ਬੁਲਾ ਲੈਂਦਾ ਹੈ, ਸ੍ਰਿਸ਼ਟੀ ਪੈਦਾ ਕਰ ਕੇ ਆਪ ਹੀ ਸੰਭਾਲ ਕਰ ਰਿਹਾ ਹੈ;
53432	1242	ਨਾਨਕ ਸਚਾ ਸਚੀ ਨਾਂਈ ਸਚੁ ਪਵੈ ਧੁਰਿ ਲੇਖੈ॥੨॥		Naanak Sachaa Sachee Naanee Sach Pavai Dhhur Laekhai ||2||	O Nanak, True is the Name of the True Lord; through Truth, one is accepted by the Primal Lord God. ||2||	ਹੇ ਨਾਨਕ! ਉਹ ਸਦਾ-ਥਿਰ ਰਹਿਣ ਵਾਲਾ ਹੈ, ਉਸ ਦੀ ਵਡਿਆਈ ਸਦਾ ਕਾਇਮ ਰਹਿਣ ਵਾਲੀ ਹੈ; ਉਸ ਦੇ ਨਾਮ ਦਾ ਸਿਮਰਨ ਹੀ ਉਸਦੀ ਹਜ਼ੂਰੀ ਵਿਚ ਕਬੂਲ ਹੁੰਦਾ ਹੈ ॥੨॥
53433	1242	ਪਉੜੀ॥		Pourree ||	Pauree:	
53434	1242	ਨਾਮੁ ਨਿਰੰਜਨ ਅਲਖੁ ਹੈ ਕਿਉ ਲਖਿਆ ਜਾਈ॥		Naam Niranjan Alakh Hai Kio Lakhiaa Jaaee ||	The Name of the Immaculate Lord is unknowable. How can it be known?	ਮਾਇਆ-ਰਹਿਤ ਪ੍ਰਭੂ ਦਾ ਨਾਮ (ਐਸਾ ਹੈ ਜਿਸ) ਦਾ ਕੋਈ ਖ਼ਾਸ ਚਿੰਨ੍ਹ ਨਹੀਂ ਦਿੱਸਦਾ, (ਤਾਂ ਫਿਰ) ਉਸ ਨੂੰ ਬਿਆਨ ਕਿਵੇਂ ਕੀਤਾ ਜਾਏ?
53435	1242	ਨਾਮੁ ਨਿਰੰਜਨ ਨਾਲਿ ਹੈ ਕਿਉ ਪਾਈਐ ਭਾਈ॥		Naam Niranjan Naal Hai Kio Paaeeai Bhaaee ||	The Name of the Immaculate Lord is with the mortal being. How can it be obtained, O Siblings of Destiny?	ਮਾਇਆ-ਰਹਿਤ ਪ੍ਰਭੂ ਦਾ ਨਾਮ ਦਾ ਨਾਮ (ਅਸਾਡੇ) ਨਾਲ (ਭੀ) ਹੈ, ਪਰ ਹੇ ਭਾਈ! ਉਹ ਲੱਭੇ ਕਿਵੇਂ?

53436	1242	ਨਾਮੁ ਨਿਰੰਜਨ ਵਰਤਦਾ ਰਵਿਆ ਸਭ ਠਾਂਈ॥		Naam Niranjan Varathadhaa Raviaa Sabh Thaanee ||	The Name of the Immaculate Lord is all-pervading and permeating everywhere.	ਮਾਇਆ-ਰਹਿਤ ਪ੍ਰਭੂ ਦਾ ਨਾਮ ਦਾ ਸਭ ਥਾਈਂ ਵਿਆਪਕ ਹੈ ਤੇ ਮੌਜੂਦ ਹੈ,
53437	1242	ਗੁਰ ਪੂਰੇ ਤੇ ਪਾਈਐ ਹਿਰਦੈ ਦੇਇ ਦਿਖਾਈ॥		Gur Poorae Thae Paaeeai Hiradhai Dhaee Dhikhaaee ||	Through the Perfect Guru, it is obtained. It is revealed within the heart.	(ਇਹ ਨਾਮ) ਪੂਰੇ ਸਤਿਗੁਰੂ ਤੋਂ ਮਿਲਦਾ ਹੈ, (ਪੂਰਾ ਗੁਰੂ ਪ੍ਰਭੂ ਦਾ ਨਾਮ ਅਸਾਡੇ) ਹਿਰਦੇ ਵਿਚ ਵਿਖਾ ਦੇਂਦਾ ਹੈ।
53438	1242	ਨਾਨਕ ਨਦਰੀ ਕਰਮੁ ਹੋਇ ਗੁਰ ਮਿਲੀਐ ਭਾਈ॥੧੩॥		Naanak Nadharee Karam Hoe Gur Mileeai Bhaaee ||13||	O Nanak, when the Merciful Lord grants His Grace, the mortal meets with the Guru, O Siblings of Desitny. ||13||	ਹੇ ਭਾਈ! ਨਾਨਕ! ਆਖਦਾ ਹੈ, ਜਦੋਂ (ਪ੍ਰਭੂ ਦੀ ਸਵੱਲੀ) ਨਿਗਾਹ ਨਾਲ ਮਿਹਰ ਹੋਵੇ ਤਾਂ ਗੁਰੂ ਨੂੰ ਮਿਲੀਦਾ ਹੈ ॥੧੩॥
53439	1242	ਸਲੋਕ ਮਃ ੧॥		Salok Ma 1 ||	Shalok, First Mehl:	
53440	1242	ਕਲਿ ਹੋਈ ਕੁਤੇ ਮੁਹੀ ਖਾਜੁ ਹੋਆ ਮੁਰਦਾਰੁ॥		Kal Hoee Kuthae Muhee Khaaj Hoaa Muradhaar ||	In this Dark Age of Kali Yuga, people have faces like dogs; they eat rotting carcasses for food.	ਰੱਬ ਤੋਂ ਵਿੱਛੁੜੀ ਹੋਈ ਲੁਕਾਈ ਨੂੰ ਕੁੱਤੇ ਵਾਂਗ ਖਾਣ ਦਾ ਹਲਕ ਕੁੱਦਿਆ ਰਹਿੰਦਾ ਹੈ ਤੇ ਵੱਢੀ ਆਦਿਕ ਹਰਾਮ ਚੀਜ਼ ਇਸ ਦਾ ਮਨ-ਭਾਉਂਦਾ ਖਾਣਾ ਹੋ ਜਾਂਦਾ ਹੈ (ਜਿਵੇਂ ਕੁੱਤੇ ਦਾ ਮਨ-ਭਾਉਂਦਾ ਖਾਣਾ ਮੁਰਦਾਰ ਹੈ);

53441	1242	ਕੂੜੁ ਬੋਲਿ ਬੋਲਿ ਭਉਕਣਾ ਚੂਕਾ ਧਰਮੁ ਬੀਚਾਰੁ॥		Koorr Bol Bol Bhoukanaa Chookaa Dhharam Beechaar ||	They bark and speak, telling only lies; all thought of righteousness has left them.	(ਇਹ ਲੁਕਾਈ) ਸਦਾ ਝੂਠ ਬੋਲਦੀ ਹੈ, (ਮਾਨੋ, ਮੁਰਦਾਰ ਖਾਂਦੇ ਕੁੱਤੇ ਵਾਂਗ) ਭਉਂਕ ਰਹੀ ਹੈ, (ਇਸ ਤਰ੍ਹਾਂ ਇਸ ਦੇ ਅੰਦਰੋਂ) ਧਰਮ (ਦੀ ਅੰਸ) ਤੇ (ਰੱਬ ਦੇ ਗੁਣਾਂ ਦੀ) ਵਿਚਾਰ ਮੁੱਕ ਜਾਂਦੀ ਹੈ;
53442	1242	ਜਿਨ ਜੀਵੰਦਿਆ ਪਤਿ ਨਹੀ ਮੁਇਆ ਮੰਦੀ ਸੋਇ॥		Jin Jeevandhiaa Path Nehee Mueiaa Mandhee Soe ||	Those who have no honor while alive, will have an evil reputation after they die.	ਜਿਤਨਾ ਚਿਰ ਅਜੇਹੇ ਲੋਕ (ਜਗਤ ਵਿਚ) ਜੀਉਂਦੇ ਹਨ ਇਹਨਾਂ ਦੀ (ਕੋਈ ਬੰਦਾ) ਇੱਜ਼ਤ ਨਹੀਂ (ਕਰਦਾ), ਜਦੋਂ ਮਰ ਜਾਂਦੇ ਹਨ, (ਲੋਕ ਇਹਨਾਂ ਨੂੰ) ਭੈੜਿਓਂ ਯਾਦ ਕਰਦੇ ਹਨ।
53443	1243	ਲਿਖਿਆ ਹੋਵੈ ਨਾਨਕਾ ਕਰਤਾ ਕਰੇ ਸੁ ਹੋਇ॥੧॥		Likhiaa Hovai Naanakaa Karathaa Karae S Hoe ||1||	Whatever is predestined, happens, O Nanak; whatever the Creator does, comes to pass. ||1||	(ਪਰ) ਹੇ ਨਾਨਕ! (ਇਹਨਾਂ ਦੇ ਕੀਹ ਵੱਸ? ਪਿਛਲੇ ਕਰਮਾਂ ਅਨੁਸਾਰ) ਮੱਥੇ ਉਤੇ ਲਿਖਿਆ ਲੇਖ ਹੀ ਉੱਘੜਦਾ ਹੈ (ਤੇ ਉਸ ਲੇਖ-ਅਨੁਸਾਰ) ਜੋ ਕੁਝ ਕਰਤਾਰ ਕਰਦਾ ਹੈ ਉਹੀ ਹੁੰਦਾ ਹੈ ॥੧॥
53444	1243	ਮਃ ੧॥		Ma 1 ||	First Mehl:	
53445	1243	ਰੰਨਾ ਹੋਈਆ ਬੋਧੀਆ ਪੁਰਸ ਹੋਏ ਸਈਆਦ॥	ਰੰਨਾਂ। (ਬੋਧੀਆ) ਗਿਆਨਣਾਂ। (ਸਈਆਦ) ਮੁਰੀਦ	Rannaa Hoeeaa Bodhheeaa Puras Hoeae Seeaadh ||	Women have become advisors, and men have become hunters.	(ਰੱਬ ਤੋਂ ਵਿੱਛੁੜ ਕੇ) ਮਨੁੱਖ ਜ਼ਾਲਮ ਹੋ ਰਹੇ ਹਨ ਤੇ ਤੀਵੀਆਂ ਇਸ ਜ਼ੁਲਮ ਲਈ ਸਲਾਹਕਾਰ ਬਣ ਰਹੀਆਂ ਹਨ;

53446	1243	ਸੀਲੁ ਸੰਜਮੁ ਸੁਚ ਭੰਨੀ ਖਾਣਾ ਖਾਜੁ ਅਹਾਜੁ॥	(ਅਹਾਜੁ) ਨਖਿੱਧ ਖਾਣਾ । (ਖਾਜੁ) ਖਾਂਦੇ ਹਨ	Seel Sanjam Such Bhannee Khaanaa Khaaj Ahaaj ||	Humility, self-control and purity have run away; people eat the uneatable, forbidden food.	ਮਿੱਠਾ ਸੁਭਾਉ, ਜੁਗਤਿ ਵਿਚ ਰਹਿਣਾ, ਦਿਲ ਦੀ ਸਫ਼ਾਈ-ਇਹ ਸਭ ਗੱਲਾਂ ਦੂਰ ਹੋ ਗਈਆਂ ਹਨ ਤੇ ਵੱਢੀ ਆਦਿਕ ਹਰਾਮ ਮਾਲ ਇਹਨਾਂ ਲੋਕਾਂ ਦਾ ਮਨ-ਭਾਉਂਦਾ ਖਾਣਾ ਹੋ ਗਿਆ ਹੈ;
53447	1243	ਸਰਮੁ ਗਇਆ ਘਰਿ ਆਪਣੈ ਪਤਿ ਉਠਿ ਚਲੀ ਨਾਲਿ॥		Saram Gaeiaa Ghar Aapanai Path Outh Chalee Naal ||	Modesty has left her home, and honor has gone away with her.	ਸ਼ਰਮ-ਹਯਾ ਕਿਤੇ ਆਪਣੇ ਵਤਨ ਚਲੀ ਗਈ ਹੈ (ਭਾਵ, ਇਹਨਾਂ ਮਨੁੱਖਾਂ ਤੋਂ ਕਿਤੇ ਦੂਰ ਦੁਰੇਡੇ ਹੋ ਗਈ ਹੈ) ਅਣਖ ਭੀ ਸ਼ਰਮ-ਹਯਾ ਦੇ ਨਾਲ ਹੀ ਚਲੀ ਗਈ ਹੈ।
53448	1243	ਨਾਨਕ ਸਚਾ ਏਕੁ ਹੈ ਅਉਰੁ ਨ ਸਚਾ ਭਾਲਿ॥੨॥		Naanak Sachaa Eaek Hai Aour N Sachaa Bhaal ||2||	O Nanak, there is only One True Lord; do not bother to search for any other as true. ||2||	ਹੇ ਨਾਨਕ! (ਜੇ 'ਸੀਲ ਸੰਜਮ ਸੁਚ' ਆਦਿਕ ਗੁਣ ਲੱਭਣੇ ਹਨ, ਤਾਂ ਉਹਨਾਂ ਦਾ ਸੋਮਾ) ਸਿਰਫ਼ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਹੀ ਹੈ, (ਇਹਨਾਂ ਗੁਣਾਂ ਲਈ) ਕੋਈ ਹੋਰ ਥਾਂ ਨਾਹ ਲੱਭੋ (ਭਾਵ, ਪ੍ਰਭੂ ਤੋਂ ਬਿਨਾ ਕਿਸੇ ਹੋਰ ਥਾਂ ਇਹ ਗੁਣ ਨਹੀਂ ਮਿਲ ਸਕਦੇ) ॥੨॥
53449	1243	ਪਉੜੀ॥		Pourree ||	Pauree:	
53450	1243	ਬਾਹਰਿ ਭਸਮ ਲੇਪਨ ਕਰੇ ਅੰਤਰਿ ਗੁਬਾਰੀ॥	ਬਾਹਰਿ	Baahar Bhasam Laepan Karae Anthar Gubaaree ||	You smear your outer body with ashes, but within, you are filled with darkness.	ਜੋ ਮਨੁੱਖ ਪਿੰਡੇ ਉਤੇ (ਤਾਂ) ਸੁਆਹ ਮਲ ਲੈਂਦਾ ਹੈ (ਪਰ ਉਸ ਦੇ) ਮਨ ਵਿਚ (ਮਾਇਆ ਦੇ ਮੋਹ ਦਾ) ਹਨੇਰਾ ਹੈ;

53451	1243	ਖਿੰਥਾ ਝੋਲੀ ਬਹੁ ਭੇਖ ਕਰੇ ਦੁਰਮਤਿ ਅਹੰਕਾਰੀ॥		Khinthhaa Jholee Bahu Bhaekh Karae Dhuramath Ahankaaree ||	You wear the patched coat and all the right clothes and robes, but you are still egotistical and proud.	(ਬਾਹਰ) ਗੋਦੜੀ ਤੇ ਝੋਲੀ (ਆਦਿਕ) ਦੇ ਕਈ ਭੇਖ ਕਰਦਾ ਹੈ ਤੇ ਭੈੜੀ ਮੱਤ ਦੇ ਕਾਰਨ (ਇਸ ਭੇਖ ਦਾ) ਅਹੰਕਾਰ ਕਰਦਾ ਹੈ;
53452	1243	ਸਾਹਿਬ ਸਬਦੁ ਨ ਊਚਰੈ ਮਾਇਆ ਮੋਹ ਪਸਾਰੀ॥		Saahib Sabadh N Oocharai Maaeiaa Moh Pasaaree ||	You do not chant the Shabad, the Word of Your Lord and Master; you are attached to the expanse of Maya.	ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਨਹੀਂ ਉਚਾਰਦਾ, (ਨਿਰਾ) ਮਾਇਆ ਦੇ ਮੋਹ ਦਾ ਖਿਲਾਰਾ ਹੀ (ਬਣਾਈ ਬੈਠਾ) ਹੈ;
53453	1243	ਅੰਤਰਿ ਲਾਲਚੁ ਭਰਮੁ ਹੈ ਭਰਮੈ ਗਾਵਾਰੀ॥		Anthar Laalach Bharam Hai Bharamai Gaavaaree ||	Within, you are filled with greed and doubt; you wander around like a fool.	ਉਸ ਦੇ ਮਨ ਵਿਚ ਲਾਲਚ ਹੈ ਭਟਕਣਾ ਹੈ, ਮੂਰਖ ਠੇਡੇ ਖਾਂਦਾ ਫਿਰਦਾ ਹੈ;
53454	1243	ਨਾਨਕ ਨਾਮੁ ਨ ਚੇਤਈ ਜੂਐ ਬਾਜੀ ਹਾਰੀ॥੧੪॥		Naanak Naam N Chaethee Jooai Baajee Haaree ||14||	Says Nanak, you never even think of the Naam; you have lost the game of life in the gamble. ||14||	ਪ੍ਰਭੂ ਦਾ ਨਾਮ ਨਹੀਂ ਸਿਮਰਦਾ, ਹੇ ਨਾਨਕ! (ਐਸਾ ਮਨੁੱਖ, ਮਾਨੋ) ਜੂਏ ਵਿਚ (ਮਨੁੱਖਾ ਜਨਮ ਦੀ) ਬਾਜ਼ੀ ਹਾਰ ਜਾਂਦਾ ਹੈ ॥੧੪॥
53455	1243	ਸਲੋਕ ਮਃ ੧॥		Salok Ma 1 ||	Shalok, First Mehl:	

53456	1243	ਲਖ ਸਿਉ ਪ੍ਰੀਤਿ ਹੋਵੈ ਲਖ ਜੀਵਣੁ ਕਿਆ ਖੁਸੀਆ ਕਿਆ ਚਾਉ॥	ਲੱਖ	Lakh Sio Preeth Hovai Lakh Jeevan Kiaa Khuseeaa Kiaa Chaao ||	You may be in love with tens of thousands, and live for thousands of years; but what good are these pleasures and occupations?	ਲੱਖਾਂ ਬੰਦਿਆਂ ਨਾਲ ਪਿਆਰ ਹੋਵੇ, ਲੱਖਾਂ ਸਾਲਾਂ ਦੀ ਜ਼ਿੰਦਗੀ ਹੋਵੇ, ਭਾਵੇਂ ਕਿਤਨੀਆਂ ਹੀ ਖ਼ੁਸ਼ੀਆਂ ਤੇ ਕਿਤਨੇ ਹੀ ਚਾਉ ਹੋਣ,
53457	1243	ਵਿਛੁੜਿਆ ਵਿਸੁ ਹੋਇ ਵਿਛੋੜਾ ਏਕ ਘੜੀ ਮਹਿ ਜਾਇ॥	ਵਿਸੁ: ਪੋਲਾ ਬੋਲੋ	Vishhurriaa Vis Hoe Vishhorraa Eaek Gharree Mehi Jaae ||	And when you must separate from them, that separation is like poison, but they will be gone in an instant.	ਪਰ ਮਰਨ ਵੇਲੇ ਜਦੋਂ ਬੰਦਾ ਇਕ ਘੜੀ ਵਿਚ ਹੀ ਉੱਠ ਕੇ ਤੁਰ ਪੈਂਦਾ ਹੈ ਤਾਂ ਇਹਨਾਂ ਤੋਂ ਜੁਦਾਈ ਬਹੁਤ ਦੁਖਦਾਈ ਹੁੰਦੀ ਹੈ।
53458	1243	ਜੇ ਸਉ ਵਰ੍ਹਿਆ ਮਿਠਾ ਖਾਜੈ ਭੀ ਫਿਰਿ ਕਉੜਾ ਖਾਇ॥		Jae So Varihaaa Mithaa Khaajai Bhee Fir Kourraa Khaae ||	You may eat sweets for a hundred years, but eventually, you will have to eat the bitter as well.	ਜੇ ਸੈਂਕੜੇ ਵਰ੍ਹੇ ਭੀ ਇਹ ਸੁਆਦਲੇ ਭੋਗ ਭੋਗਦੇ ਰਹੀਏ ਤਾਂ ਭੀ ਇਹਨਾਂ ਤੋਂ ਵਿਛੋੜੇ ਵਾਲਾ ਕੌੜਾ ਘੁੱਟ ਭਰਨਾ ਹੀ ਪੈਂਦਾ ਹੈ!
53459	1243	ਮਿਠਾ ਖਾਧਾ ਚਿਤਿ ਨ ਆਵੈ ਕਉੜਤਣੁ ਧਾਇ ਜਾਇ॥		Mithaa Khaadhhaa Chith N Aavai Kourrathan Dhhaae Jaae ||	Then, you will not remember eating the sweets; bitterness will permeate you.	ਭੋਗੇ ਹੋਏ ਭੋਗ ਤਾਂ ਭੁੱਲ ਜਾਂਦੇ ਹਨ, ਪਰ ਇਹਨਾਂ ਤੋਂ ਵਿਛੋੜੇ ਦੀ ਸੱਟ ਡੂੰਘਾ ਸੱਲ ਲਾਂਦੀ ਹੈ।
53460	1243	ਮਿਠਾ ਕਉੜਾ ਦੋਵੈ ਰੋਗ॥		Mithaa Kourraa Dhovai Rog ||	The sweet and the bitter are both diseases.	ਇਹਨਾਂ ਭੋਗਾਂ ਦਾ ਮਿਲਣਾ ਤੇ ਖੁੱਸ ਜਾਣਾ ਦੋਵੇਂ ਗੱਲਾਂ ਹੀ ਦੁਖਦਾਈ ਹਨ,

53461	1243	ਨਾਨਕ ਅੰਤਿ ਵਿਗੁਤੇ ਭੋਗ॥	ਵਿਗੁੱਤੇ	Naanak Anth Viguthae Bhog ||	O Nanak, eating them, you will come to ruin in the end.	ਕਿਉਂਕਿ ਭੋਗਾਂ ਦੇ ਕਾਰਨ ਹੇ ਨਾਨਕ! ਆਖ਼ਰ ਬੰਦੇ ਖ਼ੁਆਰ ਹੀ ਹੁੰਦੇ ਹਨ।
53462	1243	ਝਖਿ ਝਖਿ ਝਖਣਾ ਝਗੜਾ ਝਾਖ॥	ਝਖਿ ਝਖਿ ਝਖਣਾ: ਪੋਲੇ ਬੋਲੋ	Jhakh Jhakh Jhakhanaa Jhagarraa Jhaakh ||	It is useless to worry and struggle to death.	ਨਿੱਤ ਨਿੱਤ ਵਿਸ਼ੇ ਭੋਗਣ ਨਾਲ ਵਿਸ਼ੇ ਭੋਗਣ ਦਾ ਇਕ ਲੰਮਾ ਚਸਕਾ ਬਣ ਜਾਂਦਾ ਹੈ,
53463	1243	ਝਖਿ ਝਖਿ ਜਾਹਿ ਝਖਹਿ ਤਿਨ੍ਹ ਪਾਸਿ॥੧॥		Jhakh Jhakh Jaahi Jhakhehi Thinh Paas ||1||	Entangled in worries and struggles, people exhaust themselves. ||1||	ਵਿਸ਼ੇ ਭੋਗ ਭੋਗ ਕੇ ਜੀਵ ਇਥੋਂ ਜਗਤ ਤੋਂ ਤੁਰਦੇ ਹਨ, (ਤੇ ਵਾਸਨਾ-ਬੱਧੇ) ਉਹਨਾਂ ਵਿਸ਼ਿਆਂ ਦੇ ਕੋਲ ਹੀ ਟੱਕਰਾਂ ਮਾਰਦੇ ਰਹਿੰਦੇ ਹਨ ॥੧॥
53464	1243	ਮਃ ੧॥		Ma 1 ||	First Mehl:	
53465	1243	ਕਾਪੜੁ ਕਾਠੁ ਰੰਗਾਇਆ ਰਾਂਗਿ॥		Kaaparr Kaath Rangaaeiaa Raang ||	They have fine clothes and furniture of various colors.	(ਮਨੁੱਖ ਨੇ) ਕੱਪੜੇ ਤੇ ਲੱਕੜ ਦਾ ਸਾਮਾਨ ਰੰਗ ਨਾਲ ਰੰਗਾ ਲਿਆ,
53466	1243	ਘਰ ਗਚ ਕੀਤੇ ਬਾਗੇ ਬਾਗ॥	ਗੱਚ	Ghar Gach Keethae Baagae Baag ||	Their houses are painted beautifully white.	ਘਰਾਂ ਨੂੰ ਚੂਨੇ-ਗੱਚ ਕਰ ਕੇ ਚਿੱਟੇ ਹੀ ਚਿੱਟੇ ਬਣਾ ਲਿਆ,
53467	1243	ਸਾਦ ਸਹਜ ਕਰਿ ਮਨੁ ਖੇਲਾਇਆ॥		Saadh Sehaj Kar Man Khaelaaeiaa ||	In pleasure and poise, they play their mind games.	(ਅਜੇਹੇ) ਸੁਆਦਾਂ ਤੇ ਸੁਖਾਂ ਨਾਲ ਮਨ ਨੂੰ ਪਰਚਾਂਦਾ ਰਿਹਾ,
53468	1243	ਤੈ ਸਹ ਪਾਸਹੁ ਕਹਣੁ ਕਹਾਇਆ॥	(ਕਹਣੁ)ਉਲਾਂਭਾ	Thai Seh Paasahu Kehan Kehaaeiaa ||	When they approach You, O Lord, they shall be spoken to.	(ਪਰ ਇਹਨੀਂ ਕੰਮੀਂ) ਹੇ ਪ੍ਰਭੂ! ਤੇਰੇ ਪਾਸੋਂ ਉਲਾਹਮਾ ਲਿਆ (ਕਿ ਮਨੁੱਖਾ ਜਨਮ ਦਾ ਮਨੋਰਥ ਨਾਹ ਖੱਟਿਆ);
53469	1243	ਮਿਠਾ ਕਰਿ ਕੈ ਕਉੜਾ ਖਾਇਆ॥		Mithaa Kar Kai Kourraa Khaaeiaa ||	They think it is sweet, so they eat the bitter.	ਵਿਸ਼ੇ-ਵਿਕਾਰ ਜੋ ਆਖ਼ਰ ਦੁਖਦਾਈ ਹੁੰਦੇ ਹਨ ਸੁਆਦਲੇ ਜਾਣ ਕੇ ਮਾਣਦਾ ਰਿਹਾ,

53470	1243	ਤਿਨਿ ਕਉੜੈ ਤਨਿ ਰੋਗੁ ਜਮਾਇਆ॥		Thin Kourrai Than Rog Jamaaeiaa ||	The bitter disease grows in the body.	ਉਸ ਵਿਸ਼ੇ-ਭੋਗ ਨੇ ਸਰੀਰ ਵਿਚ ਰੋਗ ਪੈਦਾ ਕਰ ਦਿੱਤਾ।
53471	1243	ਜੇ ਫਿਰਿ ਮਿਠਾ ਪੇੜੈ ਪਾਇ॥		Jae Fir Mithaa Paerrai Paae ||	If, later on, they receive the sweet,	ਜੇ ਪ੍ਰਭੂ ਦਾ ਨਾਮ-ਰੂਪ ਸੁਆਦਲਾ ਭੋਜਨ ਮੁੜ ਮਿਲ ਜਾਏ,
53472	1243	ਤਉ ਕਉੜਤਣੁ ਚੂਕਸਿ ਮਾਇ॥	(ਮਾਇ) ਮਾਇਆ। ਕਉ-ੜੱਤਣੁ	Tho Kourrathan Chookas Maae ||	Then their bitterness shall be gone, O mother.	ਤਾਂ ਹੇ ਮਾਂ! ਵਿਸ਼ੇ-ਭੋਗਾਂ ਤੋਂ ਪੈਦਾ ਹੋਇਆ ਦੁੱਖ ਦੂਰ ਹੋ ਜਾਂਦਾ ਹੈ;
53473	1243	ਨਾਨਕ ਗੁਰਮੁਖਿ ਪਾਵੈ ਸੋਇ॥		Naanak Guramukh Paavai Soe ||	O Nanak, the Gurmukh is blessed to receive	ਪਰ, ਹੇ ਨਾਨਕ! ਇਹ 'ਮਿੱਠਾ' ਨਾਮ ਉਸੇ ਗੁਰਮੁਖਿ ਨੂੰ ਮਿਲਦਾ ਹੈ,
53474	1243	ਜਿਸ ਨੋ ਪ੍ਰਾਪਤਿ ਲਿਖਿਆ ਹੋਇ॥੨॥		Jis No Praapath Likhiaa Hoe ||2||	What he is predestined to receive. ||2||	ਜਿਸ ਦੇ ਭਾਗਾਂ ਵਿਚ ਇਸ ਦੀ ਪ੍ਰਾਪਤੀ ਲਿਖੀ ਹੋਵੇ ॥੨॥
53475	1243	ਪਉੜੀ॥		Pourree ||	Pauree:	
53476	1243	ਜਿਨ ਕੈ ਹਿਰਦੈ ਮੈਲੁ ਕਪਟੁ ਹੈ ਬਾਹਰੁ ਧੋਵਾਇਆ॥		Jin Kai Hiradhai Mail Kapatt Hai Baahar Dhhovaaeiaa ||	Those whose hearts are filled with the filth of deception, may wash themselves on the outside.	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਸਫ਼ਾਈ ਨਹੀਂ, ਧੋਖਾ ਹੈ, ਪਰ ਸਰੀਰ ਨੂੰ ਬਾਹਰੋਂ ਧੋ ਕੇ ਰੱਖਦੇ ਹਨ,

53477	1243	ਕੂੜੁ ਕਪਟੁ ਕਮਾਵਦੇ ਕੂੜੁ ਪਰਗਟੀ ਆਇਆ॥		Koorr Kapatt Kamaavadhae Koorr Paragattee Aaeiaa ||	They practice falsehood and deception, and their falsehood is revealed.	ਉਹ (ਆਪਣੇ ਹਰੇਕ ਕਾਰ-ਵਿਹਾਰ ਵਿਚ) ਝੂਠ ਤੇ ਧੋਖਾ ਹੀ ਵਰਤਦੇ ਹਨ, ਪਰ ਝੂਠ ਉੱਘੜ ਆਉਂਦਾ ਹੈ,
53478	1243	ਅੰਦਰਿ ਹੋਇ ਸੁ ਨਿਕਲੈ ਨਹ ਛਪੈ ਛਪਾਇਆ॥		Andhar Hoe S Nikalai Neh Shhapai Shhapaaeiaa ||	That which is within them, comes out; it cannot be concealed by concealment.	(ਕਿਉਂਕਿ) ਮਨ ਦੇ ਅੰਦਰ ਜੋ ਕੁਝ ਹੁੰਦਾ ਹੈ ਉਹ ਜ਼ਾਹਰ ਹੋ ਜਾਂਦਾ ਹੈ, ਲੁਕਾਇਆਂ ਲੁਕ ਨਹੀਂ ਸਕਦਾ।
53479	1243	ਕੂੜੈ ਲਾਲਚਿ ਲਗਿਆ ਫਿਰਿ ਜੂਨੀ ਪਾਇਆ॥		Koorrai Laalach Lagiaa Fir Joonee Paaeiaa ||	Attached to falsehood and greed, the mortal is consigned to reincarnation over and over again.	ਝੂਠ ਲਾਲਚ ਵਿਚ ਲੱਗਣ ਨਾਲ (ਸਿੱਟਾ ਇਹ ਨਿਕਲਦਾ ਹੈ ਕਿ ਮਨੁੱਖ) ਮੁੜ ਮੁੜ ਜੂਨਾਂ ਵਿਚ ਜਾ ਪੈਂਦਾ ਹੈ।
53480	1243	ਨਾਨਕ ਜੋ ਬੀਜੈ ਸੋ ਖਾਵਣਾ ਕਰਤੈ ਲਿਖਿ ਪਾਇਆ॥੧੫॥		Naanak Jo Beejai So Khaavanaa Karathai Likh Paaeiaa ||15||	O Nanak, whatever the mortal plants, he must eat. The Creator Lord has written our destiny. ||15||	ਹੇ ਨਾਨਕ! ਜੋ ਕੁਝ (ਮਨੁੱਖ ਆਪਣੇ ਕਰਮਾਂ ਦਾ) ਬੀ ਬੀਜਦਾ ਹੈ ਉਹੀ (ਫਲ) ਖਾਂਦਾ ਹੈ, ਕਰਤਾਰ ਨੇ (ਇਹ ਰਜ਼ਾ ਜੀਵਾਂ ਦੇ ਮੱਥੇ ਉਤੇ) ਲਿਖ ਕੇ ਰੱਖ ਦਿੱਤੀ ਹੈ ॥੧੫॥
53481	1243	ਸਲੋਕ ਮਃ ੨॥		Salok Ma 2 ||	Shalok, Second Mehl:	

53482	1243	ਕਥਾ ਕਹਾਣੀ ਬੇਦੀ ਆਣੀ ਪਾਪੁ ਪੁੰਨੁ ਬੀਚਾਰੁ॥		Kathhaa Kehaanee Baedhanaee Aanee Paap Punn Beechaar ||	The Vedas bring forth stories and legends, and thoughts of vice and virtue.	(ਜੋ) ਤਾਲੀਮ ਵੇਦਾਂ ਨੇ ਲਿਆਂਦੀ (ਭਾਵ, ਦਿੱਤੀ), (ਉਸ ਵਿਚ ਇਹ) ਵਿਚਾਰ ਹੈ ਕਿ ਪਾਪ ਕੀਹ ਹੈ ਤੇ ਪੁੰਨ ਕੀਹ ਹੈ,
53483	1243	ਦੇ ਦੇ ਲੈਣਾ ਲੈ ਲੈ ਦੇਣਾ ਨਰਕਿ ਸੁਰਗਿ ਅਵਤਾਰ॥		Dhae Dhae Lainaa Lai Lai Dhaenaa Narak Surag Avathaar ||	What is given, they receive, and what is received, they give. They are reincarnated in heaven and hell.	(ਉਸ ਨੇ ਇਹ ਦੱਸਿਆ ਹੈ ਕਿ ਹੱਥੋਂ) ਦੇ ਕੇ ਹੀ (ਮੁੜ) ਲਈਦਾ ਹੈ ਤੇ ਜੋ ਕੁਝ ਕਿਸੇ ਤੋਂ ਲੈਂਦੇ ਹਾਂ ਉਹ (ਅਗਲੇ ਜਨਮ ਵਿਚ) ਮੋੜੀਦਾ ਹੈ, (ਆਪਣੇ ਕੀਤੇ ਕਰਮਾਂ ਅਨੁਸਾਰ) ਨਰਕ ਵਿਚ ਜਾਂ ਸੁਰਗ ਵਿਚ ਅੱਪੜੀਦਾ ਹੈ,
53484	1243	ਉਤਮ ਮਧਿਮ ਜਾਤੀਂ ਜਿਨਸੀ ਭਰਮਿ ਭਵੈ ਸੰਸਾਰੁ॥		Outham Madhhim Jaatheen Jinasee Bharam Bhavai Sansaar ||	High and low, social class and status - the world wanders lost in superstition.	(ਇਸ ਤਾਲੀਮ ਅਨੁਸਾਰ) ਦੁਨੀਆ ਉੱਚੀਆਂ ਨੀਵੀਆਂ ਜਾਤਾਂ ਤੇ ਕਿਸਮਾਂ ਦੇ ਵਹਿਮਾਂ ਵਿਚ ਖ਼ੁਆਰ ਹੁੰਦੀ ਹੈ।
53485	1243	ਅੰਮ੍ਰਿਤ ਬਾਣੀ ਤਤੁ ਵਖਾਣੀ ਗਿਆਨ ਧਿਆਨ ਵਿਚਿ ਆਈ॥		Anmrith Baanee Thath Vakhaanee Giaan Dhhiaan Vich Aaee ||	The Ambrosial Word of Gurbani proclaims the essence of reality. Spiritual wisdom and meditation are contained within it.	(ਗੁਰੂ ਦੀ) ਬਾਣੀ ਨਾਮ-ਅੰਮ੍ਰਿਤ ਨਾਲ ਭਰੀ ਹੋਈ ਹੈ, ਤੇ ਪ੍ਰਭੂ ਦੇ ਗੁਣ ਬਿਆਨ ਕਰਦੀ ਹੈ, ਇਹ ਬਾਣੀ ਪ੍ਰਭੂ ਦੇ ਗੁਣਾਂ ਦੀ ਵਿਚਾਰ ਕੀਤਿਆਂ ਤੇ ਪ੍ਰਭੂ ਵਿਚ ਸੁਰਤ ਜੋੜਿਆਂ ਪਰਗਟ ਹੋਈ ਹੈ।

53486	1243	ਗੁਰਮੁਖਿ ਆਖੀ ਗੁਰਮੁਖਿ ਜਾਤੀ ਸੁਰਤੀ ਕਰਮਿ ਧਿਆਈ॥		Guramukh Aakhee Guramukh Jaathee Surathanaee Karam Dhhiaaee ||	The Gurmukhs chant it, and the Gurmukhs realize it. Intuitively aware, they meditate on it.	(ਜੋ) ਬਾਣੀ ਗੁਰੂ ਨੇ ਉਚਾਰੀ ਹੈ, (ਜਿਸ ਦੇ ਡੂੰਘੇ ਭੇਤ ਨੂੰ) ਗੁਰੂ ਨੇ ਸਮਝਿਆ ਹੈ (ਇਸ ਨੂੰ) ਸੁਰਤਿਆਂ ਨੇ ਜਪਿਆ ਹੈ।
53487	1243	ਹੁਕਮੁ ਸਾਜਿ ਹੁਕਮੈ ਵਿਚਿ ਰਖੈ ਹੁਕਮੈ ਅੰਦਰਿ ਵੇਖੈ॥		Hukam Saaj Hukamai Vich Rakhai Hukamai Andhar Vaekhai ||	By the Hukam of His Command, He formed the Universe, and in His Hukam, He keeps it. By His Hukam, He keeps it under His Gaze.	(ਇਹ ਬਾਣੀ ਦੱਸਦੀ ਹੈ ਕਿ) ਪਰਮਾਤਮਾ ਆਪਣਾ ਹੁਕਮ (-ਰੂਪ ਸੱਤਿਆ) ਸਾਜ ਕੇ (ਸਭ ਜੀਵਾਂ ਨੂੰ) ਆਪਣੇ ਹੁਕਮ ਵਿਚ ਹੀ ਰੱਖਿਆ ਹੈ ਤੇ ਹੁਕਮ ਵਿਚ ਹੀ ਸੰਭਾਲ ਕਰਦਾ ਹੈ।
53488	1243	ਨਾਨਕ ਅਗਹੁ ਹਉਮੈ ਤੁਟੈ ਤਾਂ ਕੋ ਲਿਖੀਐ ਲੇਖੈ॥੧॥		Naanak Agahu Houmai Thuttai Thaan Ko Likheeai Laekhai ||1||	O Nanak, if the mortal shatters his ego before he departs, as it is pre-ordained, then he is approved. ||1||	ਹੇ ਨਾਨਕ! (ਇਸ ਬਾਣੀ ਦੀ ਬਰਕਤਿ ਨਾਲ) ਪਹਿਲਾਂ (ਜੀਵ ਦੀ) ਹਉਮੈ ਦੂਰ ਹੁੰਦੀ ਹੈ ਤਾਂ ਜੀਵ ਪ੍ਰਭੂ ਦੀ ਹਜ਼ੂਰੀ ਵਿਚ ਪ੍ਰਵਾਨ ਹੁੰਦਾ ਹੈ ॥੧॥
53489	1243	ਮਃ ੧॥		Ma 1 ||	First Mehl:	
53490	1243	ਬੇਦੁ ਪੁਕਾਰੇ ਪੁੰਨੁ ਪਾਪੁ ਸੁਰਗ ਨਰਕ ਕਾ ਬੀਉ॥		Baedh Pukaarae Punn Paap Surag Narak Kaa Beeo ||	The Vedas proclaim that vice and virtue are the seeds of heaven and hell.	ਵੇਦ ਦੀ ਤਾਲੀਮ ਇਹ ਹੈ ਕਿ (ਜੀਵ ਦਾ ਕੀਤਾ ਹੋਇਆ) ਪੁੰਨ-ਕਰਮ (ਉਸ ਦੇ ਵਾਸਤੇ) ਸੁਰਗ (ਮਿਲਣ) ਦਾ ਸਬੱਬ (ਬਣਦਾ) ਹੈ ਤੇ ਪਾਪ (ਜੀਵ ਲਈ) ਨਰਕ (ਵਿਚ ਪੈਣ) ਦਾ ਕਾਰਨ ਹੋ ਜਾਂਦਾ ਹੈ;

53491	1243	ਜੋ ਬੀਜੈ ਸੋ ਉਗਵੈ ਖਾਂਦਾ ਜਾਣੈ ਜੀਉ॥		Jo Beejai So Ougavai Khaandhaa Jaanai Jeeo ||	Whatever is planted, shall grow. The soul eats the fruits of its actions, and understands.	(ਆਪਣੇ ਕੀਤੇ ਹੋਏ ਪੁੰਨ ਜਾਂ ਪਾਪ ਦਾ ਫਲ) ਖਾਣ ਵਾਲਾ (ਹਰੇਕ) ਜੀਵ (ਆਪ ਹੀ) ਜਾਣ ਲੈਂਦਾ ਹੈ ਕਿ ਜੋ ਕੁਝ ਕੋਈ ਬੀਜਦਾ ਹੈ ਉਹੀ ਉੱਗਦਾ ਹੈ।
53492	1243	ਗਿਆਨੁ ਸਲਾਹੇ ਵਡਾ ਕਰਿ ਸਚੋ ਸਚਾ ਨਾਉ॥		Giaan Salaahae Vaddaa Kar Sacho Sachaa Naao ||	Whoever praises spiritual wisdom as great, becomes truthful in the True Name.	(ਸੋ, ਇਸ ਕਰਮ-ਕਾਂਡ ਦੀ ਤਾਲੀਮ ਵਿਚ ਪ੍ਰਭੂ ਦੀ ਸਿਫ਼ਤ-ਸਾਲਾਹ ਤੇ ਪ੍ਰਭੂ ਦੀ ਮਿਹਰ ਨੂੰ ਕੋਈ ਥਾਂ ਨਹੀਂ ਹੈ)। (ਪਰ ਗੁਰੂ ਦਾ ਬਖ਼ਸ਼ਿਆ) ਗਿਆਨ ਪਰਮਾਤਮਾ ਨੂੰ ਵੱਡਾ ਆਖ ਕੇ (ਉਸ ਦੀ) ਸਿਫ਼ਤ-ਸਾਲਾਹ ਕਰਦਾ ਹੈ (ਤੇ ਦੱਸਦਾ ਹੈ ਕਿ) ਪ੍ਰਭੂ ਦਾ ਨਾਮ ਸਦਾ ਕਾਇਮ ਰਹਿਣ ਵਾਲਾ ਹੈ,
53493	1243	ਸਚੁ ਬੀਜੈ ਸਚੁ ਉਗਵੈ ਦਰਗਹ ਪਾਈਐ ਥਾਉ॥		Sach Beejai Sach Ougavai Dharageh Paaeeai Thhaao ||	When Truth is planted, Truth grows. In the Court of the Lord, you shall find your place of honor.	ਜੋ ਮਨੁੱਖ ਪ੍ਰਭੂ ਦਾ ਨਾਮ (ਹਿਰਦੇ ਵਿਚ) ਬੀਜਦਾ ਹੈ ਉਸ ਦੇ ਅੰਦਰ ਨਾਮ ਹੀ ਪ੍ਰਫੁਲਤ ਹੁੰਦਾ ਹੈ ਤੇ ਉਸ ਨੂੰ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਮਿਲਦਾ ਹੈ।

53494	1244	ਬੇਦੁ ਵਪਾਰੀ ਗਿਆਨੁ ਰਾਸਿ ਕਰਮੀ ਪਲੈ ਹੋਇ॥		Baedh Vapaaree Giaan Raas Karamee Palai Hoe ||	The Vedas are only merchants; spiritual wisdom is the capital; by His Grace, it is received.	(ਸੋ, ਪਾਪ ਤੇ ਪੁੰਨ ਦੇ ਫਲ ਦੱਸ ਕੇ) ਵੇਦ ਤਾਂ ਵਪਾਰ ਦੀਆਂ ਗੱਲਾਂ ਕਰਦਾ ਹੈ; (ਪਰ ਮਨੁੱਖ ਲਈ ਅਸਲ) ਰਾਸਿ-ਪੂੰਜੀ (ਪ੍ਰਭੂ ਦੇ ਗੁਣਾਂ ਦਾ) ਗਿਆਨ ਹੈ ਤੇ ਇਹ ਗਿਆਨ ਪ੍ਰਭੂ ਦੀ ਮਿਹਰ ਨਾਲ (ਗੁਰੂ ਤੋਂ) ਮਿਲਦਾ ਹੈ;
53495	1244	ਨਾਨਕ ਰਾਸੀ ਬਾਹਰਾ ਲਦਿ ਨ ਚਲਿਆ ਕੋਇ॥੨॥		Naanak Raasee Baaharaa Ladh N Chaliaa Koe ||2||	O Nanak, without capital, no one has ever departed with profit. ||2||	ਹੇ ਨਾਨਕ! (ਇਸ ਗਿਆਨ-ਰੂਪ) ਪੂੰਜੀ ਤੋਂ ਬਿਨਾ ਕੋਈ ਮਨੁੱਖ (ਜਗਤ ਤੋਂ) ਨਫ਼ਾ ਖੱਟ ਕੇ ਨਹੀਂ ਜਾਂਦਾ ॥੨॥
53496	1244	ਪਉੜੀ॥		Pourree ||	Pauree:	
53497	1244	ਨਿੰਮੁ ਬਿਰਖੁ ਬਹੁ ਸੰਚੀਐ ਅੰਮ੍ਰਿਤ ਰਸੁ ਪਾਇਆ॥		Ninm Birakh Bahu Sancheeai Anmrith Ras Paaeiaa ||	You can water a bitter neem tree with ambrosial nectar.	(ਜੇ) ਨਿੰਮ (ਦੇ) ਰੁੱਖ ਨੂੰ ਅੰਮ੍ਰਿਤ-ਰਸ ਪਾ ਕੇ (ਭੀ) ਬਹੁਤ ਸਿੰਜੀਏ (ਤਾਂ ਭੀ ਨਿੰਮ ਦੀ ਕੁੜਿੱਤਣ ਨਹੀਂ ਜਾਂਦੀ);
53498	1244	ਬਿਸੀਅਰੁ ਮੰਤ੍ਰਿ ਵਿਸਾਹੀਐ ਬਹੁ ਦੂਧੁ ਪੀਆਇਆ॥		Biseear Manthr Visaaheeai Bahu Dhoodhh Peeaaeiaa ||	You can feed a venomous snake lots of milk.	ਜੇ ਬਹੁਤ ਦੁੱਧ ਪਿਆਲ ਕੇ ਮੰਤ੍ਰ ਦੀ ਰਾਹੀਂ ਸੱਪ ਨੂੰ ਇਤਬਾਰੀ ਬਣਾਈਏ (ਭਾਵ, ਸੱਪ ਦਾ ਵਿਸਾਹ ਕਰੀਏ) (ਫਿਰ ਭੀ ਉਹ ਡੰਗ ਮਾਰਨ ਵਾਲਾ ਸੁਭਾਵ ਨਹੀਂ ਛੱਡਦਾ);

53499	1244	ਮਨਮੁਖੁ ਅਭਿੰਨੁ ਨ ਭਿਜਈ ਪਥਰੁ ਨਾਵਾਇਆ॥		Manamukh Abhinn N Bhijee Pathhar Naavaaeiaa ||	The self-willed manmukh is resistant; he cannot be softened. You might as well water a stone.	(ਜਿਵੇਂ) ਪੱਥਰ ਨੂੰ ਇਸ਼ਨਾਨ ਕਰਾਈਏ (ਤਾਂ ਭੀ ਕੋਰੇ ਦਾ ਕੋਰਾ, ਇਸੇ ਤਰ੍ਹਾਂ) ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਕੋਰਾ ਹੀ ਰਹਿੰਦਾ ਹੈ (ਉਸ ਦਾ ਹਿਰਦਾ ਕਦੇ) ਭਿੱਜਦਾ ਨਹੀਂ;
53500	1244	ਬਿਖੁ ਮਹਿ ਅੰਮ੍ਰਿਤੁ ਸਿੰਚੀਐ ਬਿਖੁ ਕਾ ਫਲੁ ਪਾਇਆ॥		Bikh Mehi Anmrith Sincheeai Bikh Kaa Fal Paaeiaa ||	Irrigating a poisonous plant with ambrosial nectar, only poisonous fruit is obtained.	ਜੇ ਜ਼ਹਿਰ ਵਿਚ ਅੰਮ੍ਰਿਤ ਸਿੰਜੀਏ (ਤਾਂ ਭੀ ਉਹ ਅੰਮ੍ਰਿਤ ਨਹੀਂ ਬਣ ਜਾਂਦਾ) ਜ਼ਹਿਰ ਦਾ ਹੀ ਫਲ ਪਾਈਦਾ ਹੈ।
53501	1244	ਨਾਨਕ ਸੰਗਤਿ ਮੇਲਿ ਹਰਿ ਸਭ ਬਿਖੁ ਲਹਿ ਜਾਇਆ॥੧੬॥		Naanak Sangath Mael Har Sabh Bikh Lehi Jaaeiaa ||16||	O Lord, please unite Nanak with the Sangat, the Holy Congregation, so that he may be rid of all poison. ||16||	(ਪਰ) ਹੇ ਨਾਨਕ! ਜੇ ਪ੍ਰਭੂ (ਗੁਰਮੁਖਾਂ ਦੀ) ਸੰਗਤ ਮੇਲੇ ਤਾਂ (ਮਨ ਵਿਚੋਂ ਮਾਇਆ ਦੇ ਮੋਹ ਵਾਲੀ) ਸਾਰੀ ਜ਼ਹਿਰ ਲਹਿ ਜਾਂਦੀ ਹੈ ॥੧੬॥
53502	1244	ਸਲੋਕ ਮਃ ੧॥		Salok Ma 1 ||	Shalok, First Mehl:	
53503	1244	ਮਰਣਿ ਨ ਮੂਰਤੁ ਪੁਛਿਆ ਪੁਛੀ ਥਿਤਿ ਨ ਵਾਰੁ॥		Maran N Moorath Pushhiaa Pushhee Thhith N Vaar ||	Death does not ask the time; it does not ask the date or the day of the week.	ਮੌਤ ਨੇ (ਕਦੇ) ਮੁਹੂਰਤ ਨਹੀਂ ਪੁੱਛਿਆ, ਕਦੇ ਇਹ ਗੱਲ ਨਹੀਂ ਪੁੱਛੀ ਕਿ ਅੱਜ ਕੇਹੜੀ ਥਿੱਤ ਹੈ ਕੇਹੜਾ ਵਾਰ ਹੈ।

53504	1244	ਇਕਨ੍ੀ ਲਦਿਆ ਇਕਿ ਲਦਿ ਚਲੇ ਇਕਨ੍ੀ ਬਧੇ ਭਾਰ॥		Eikanhee Ladhiaa Eik Ladh Chalae Eikanhee Badhhae Bhaar ||	Some have packed up, and some who have packed up have gone.	ਕਈ ਜੀਵਾਂ ਨੇ (ਇਥੋਂ ਤੁਰਨ ਲਈ, ਮਾਨੇ, ਆਪਣਾ ਸਾਮਾਨ) ਲੱਦ ਲਿਆ ਹੈ, ਕਈ ਲੱਦ ਕੇ ਤੁਰ ਪਏ ਹਨ, ਤੇ ਕਈ ਜੀਵਾਂ ਨੇ (ਸਾਮਾਨ ਦੇ) ਭਾਰ ਬੰਨ੍ਹ ਲਏ ਹਨ।
53505	1244	ਇਕਨ੍ਾ ਹੋਈ ਸਾਖਤੀ ਇਕਨ੍ਾ ਹੋਈ ਸਾਰ॥		Eikanhaa Hoee Saakhathee Eikanhaa Hoee Saar ||	Some are severely punished, and some are taken care of.	ਕਈ ਜੀਵਾਂ ਦੀ ਤਿਆਰੀ ਹੋ ਪਈ ਹੈ, ਤੇ ਕਈ ਜੀਵਾਂ ਨੂੰ ਤੁਰਨ ਲਈ ਸੱਦੇ ਆ ਗਏ ਹਨ;
53506	1244	ਲਸਕਰ ਸਨੈ ਦਮਾਮਿਆ ਛੁਟੇ ਬੰਕ ਦੁਆਰ॥		Lasakar Sanai Dhamaamiaa Shhuttae Bank Dhuaar ||	They must leave their armies and drums, and their beautiful mansions.	ਫ਼ੌਜਾਂ ਤੇ ਧੌਂਸੇ ਤੇ ਸੋਹਣੇ ਘਰ ਇਥੇ ਹੀ ਰਹਿ ਜਾਂਦੇ ਹਨ।
53507	1244	ਨਾਨਕ ਢੇਰੀ ਛਾਰੁ ਕੀ ਭੀ ਫਿਰਿ ਹੋਈ ਛਾਰ॥੧॥		Naanak Dtaeree Shhaar Kee Bhee Fir Hoee Shhaar ||1||	O Nanak, the pile of dust is once again reduced to dust. ||1||	ਹੇ ਨਾਨਕ! ਇਹ ਸਰੀਰ ਜੋ ਮਿੱਟੀ ਦੀ ਮੁੱਠ ਸੀ (ਜੋ ਮਿੱਟੀ ਤੋਂ ਬਣਿਆ ਸੀ) ਮੁੜ ਮਿੱਟੀ ਵਿਚ ਜਾ ਰਲਿਆ ॥੧॥
53508	1244	ਮਃ ੧॥		Ma 1 ||	First Mehl:	
53509	1244	ਨਾਨਕ ਢੇਰੀ ਢਹਿ ਪਈ ਮਿਟੀ ਸੰਦਾ ਕੋਟੁ॥	ਮਿੱਟੀ	Naanak Dtaeree Dtehi Pee Mittee Sandhaa Kott ||	O Nanak, the pile shall fall apart; the fortress of the body is made of dust.	ਹੇ ਨਾਨਕ! ਇਹ ਸਰੀਰ ਮਿੱਟੀ ਦੀ ਵਲਗਣ ਸੀ, ਸੋ ਆਖ਼ਰ ਮਿੱਟੀ ਦੀ ਇਹ ਉਸਾਰੀ ਢਹਿ ਹੀ ਪਈ।

53510	1244	ਭੀਤਰਿ ਚੋਰੁ ਬਹਾਲਿਆ ਖੋਟੁ ਵੇ ਜੀਆ ਖੋਟੁ॥੨॥		Bheethar Chor Behaaliaa Khott Vae Jeeaa Khott ||2||	The thief has settled within you; O soul, your life is false. ||2||	ਹੇ ਜਿੰਦੇ! ਤੂੰ (ਇਸ ਸਰੀਰ ਦੀ ਖ਼ਾਤਰ) ਨਿਤ ਖੋਟ ਹੀ ਕਮਾਂਦੀ ਰਹੀ ਤੇ ਆਪਣੇ ਅੰਦਰ ਤੂੰ ਚੋਰ-ਮਨ ਨੂੰ ਬਿਠਾਈ ਰੱਖਿਆ ॥੨॥
53511	1244	ਪਉੜੀ॥		Pourree ||	Pauree:	
53512	1244	ਜਿਨ ਅੰਦਰਿ ਨਿੰਦਾ ਦੁਸਟੁ ਹੈ ਨਕ ਵਢੇ ਨਕ ਵਢਾਇਆ॥		Jin Andhar Nindhaa Dhusatt Hai Nak Vadtae Nak Vadtaaeiaa ||	Those who are filled with vicious slander, shall have their noses cut, and be shamed.	ਜਿਨ੍ਹਾਂ (ਮਨ ਦੇ ਮੁਰੀਦ) ਮਨੁੱਖਾਂ ਦੇ ਮਨ ਵਿਚ ਦੂਜਿਆਂ ਦੀ ਨਿੰਦਿਆ ਕਰਨ ਦਾ ਭੈੜਾ ਸੁਭਾਅ ਹੁੰਦਾ ਹੈ ਉਹਨਾਂ ਦੀ ਕਿਤੇ ਇੱਜ਼ਤ ਨਹੀਂ ਹੁੰਦੀ (ਉਹ ਹਰ ਥਾਂ) ਹੌਲੇ ਪੈਂਦੇ ਹਨ;
53513	1244	ਮਹਾ ਕਰੂਪੁ ਦੁਖੀਏ ਸਦਾ ਕਾਲੇ ਮੁਹ ਮਾਇਆ॥		Mehaa Karoop Dhukheeeae Sadhaa Kaalae Muh Maaeiaa ||	They are totally ugly, and always in pain. Their faces are blackened by Maya.	ਮਾਇਆ (ਦੇ ਇਸ ਵਿਕਾਰ ਵਿਚ ਗ੍ਰਸੇ ਹੋਣ) ਦੇ ਕਾਰਨ ਉਹ ਬੜੇ ਕੋਝੇ ਤੇ ਭਰਿਸ਼ਟੇ ਮੂੰਹ ਵਾਲੇ ਜਾਪਦੇ ਹਨ ਤੇ ਸਦਾ ਦੁਖੀ ਰਹਿੰਦੇ ਹਨ।
53514	1244	ਭਲਕੇ ਉਠਿ ਨਿਤ ਪਰ ਦਰਬੁ ਹਿਰਹਿ ਹਰਿ ਨਾਮੁ ਚੁਰਾਇਆ॥		Bhalakae Outh Nith Par Dharab Hirehi Har Naam Churaaeiaa ||	They rise early in the morning, to cheat and steal from others; they hide from the Lord's Name.	ਜੋ ਮਨੁੱਖ ਸਦਾ ਨਿੱਤ ਉੱਠ ਕੇ (ਭਾਵ, ਆਹਰ ਨਾਲ) ਦੂਜਿਆਂ ਦਾ ਧਨ ਚੁਰਾਂਦੇ ਹਨ (ਭਾਵ, ਜੋ ਨਿੰਦਾ ਕਰ ਕੇ ਦੂਜਿਆਂ ਦੀ ਇੱਜ਼ਤ-ਰੂਪ ਧਨ ਖੋਹਣ ਦਾ ਜਤਨ ਕਰਦੇ ਹਨ) ਉਹਨਾਂ (ਦੇ ਆਪਣੇ ਅੰਦਰ) ਦਾ ਹਰਿ-ਨਾਮ (-ਰੂਪ ਧਨ) ਚੋਰੀ ਹੋ ਜਾਂਦਾ ਹੈ।

53515	1244	ਹਰਿ ਜੀਉ ਤਿਨ ਕੀ ਸੰਗਤਿ ਮਤ ਕਰਹੁ ਰਖਿ ਲੇਹੁ ਹਰਿ ਰਾਇਆ॥		Har Jeeo Thin Kee Sangath Math Karahu Rakh Laehu Har Raaeiaa ||	O Dear Lord, let me not even associate with them; save me from them, O my Sovereign Lord King.	ਹੇ ਹਰਿ ਜੀਉ! ਹੇ ਹਰਿ ਰਾਇ! ਅਸਾਡੀ ਸਹੈਤਾ ਕਰੋ, ਅਸਾਨੂੰ ਉਹਨਾਂ ਦੀ ਸੰਗਤ ਨਾਹ ਦਿਉ।
53516	1244	ਨਾਨਕ ਪਇਐ ਕਿਰਤਿ ਕਮਾਵਦੇ ਮਨਮੁਖਿ ਦੁਖੁ ਪਾਇਆ॥੧੭॥		Naanak Paeiai Kirath Kamaavadhae Manamukh Dhukh Paaeiaa ||17||	O Nanak, the self-willed manmukhs act according to their past deeds, producing nothing but pain. ||17||	ਹੇ ਨਾਨਕ! ਮਨ ਦੇ ਮਰੀਦ ਮਨੁੱਖ ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ (ਹੁਣ ਭੀ ਨਿੰਦਾ ਦੀ ਕਿਰਤ) ਕਮਾਂਦੇ ਹਨ ਤੇ ਦੁੱਖ ਪਾਂਦੇ ਹਨ ॥੧੭॥
53517	1244	ਸਲੋਕ ਮਃ ੪॥		Salok Ma 4 ||	Shalok, Fourth Mehl:	
53518	1244	ਸਭੁ ਕੋਈ ਹੈ ਖਸਮ ਕਾ ਖਸਮਹੁ ਸਭੁ ਕੋ ਹੋਇ॥		Sabh Koee Hai Khasam Kaa Khasamahu Sabh Ko Hoe ||	Everyone belongs to our Lord and Master. Everyone came from Him.	ਹਰੇਕ ਜੀਵ ਖਸਮ-ਪ੍ਰਭੂ ਦਾ ਹੈ, ਖਸਮ-ਪ੍ਰਭੂ ਤੋਂ ਹਰੇਕ ਜੀਵ ਪੈਦਾ ਹੁੰਦਾ ਹੈ;
53519	1244	ਹੁਕਮੁ ਪਛਾਣੈ ਖਸਮ ਕਾ ਤਾ ਸਚੁ ਪਾਵੈ ਕੋਇ॥		Hukam Pashhaanai Khasam Kaa Thaa Sach Paavai Koe ||	Only by realizing the Hukam of His Command, is Truth obtained.	ਜਦੋਂ ਜੀਵ ਖਸਮ ਦਾ ਹੁਕਮ ਪਛਾਣਦਾ ਹੈ ਤਾਂ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨੂੰ ਪ੍ਰਾਪਤ ਕਰ ਲੈਂਦਾ ਹੈ।
53520	1244	ਗੁਰਮੁਖਿ ਆਪੁ ਪਛਾਣੀਐ ਬੁਰਾ ਨ ਦੀਸੈ ਕੋਇ॥		Guramukh Aap Pashhaaneeai Buraa N Dheesai Koe ||	The Gurmukh realizes his own self; no one appears evil to him.	ਜੇ ਗੁਰੂ ਦੇ ਹੁਕਮ ਤੇ ਤੁਰ ਕੇ ਆਪੇ ਦੀ ਸੂਝ ਹੋ ਜਾਏ ਤਾਂ (ਜਗਤ ਵਿਚ) ਕੋਈ ਜੀਵ ਭੈੜਾ ਨਹੀਂ ਲੱਗਦਾ।

53521	1244	ਨਾਨਕ ਗੁਰਮੁਖਿ ਨਾਮੁ ਧਿਆਈਐ ਸਹਿਲਾ ਆਇਆ ਸੋਇ॥੧॥		Naanak Guramukh Naam Dhhiaaeeai Sehilaa Aaeiaa Soe ||1||	O Nanak, the Gurmukh meditates on the Naam, the Name of the Lord. Fruitful is his coming into the world. ||1||	ਹੇ ਨਾਨਕ! (ਜਗਤ ਵਿਚ) ਪੈਦਾ ਹੋਇਆ ਉਹ ਜੀਵ ਸੁਖੀ ਜੀਵਨ ਵਾਲਾ ਹੁੰਦਾ ਹੈ ਜੋ ਗੁਰੂ ਦੇ ਸਨਮੁਖ ਹੋ ਕੇ ਨਾਮ ਸਿਮਰਦਾ ਹੈ ॥੧॥
53522	1244	ਮਃ ੪॥		Ma 4 ||	Fourth Mehl:	
53523	1244	ਸਭਨਾ ਦਾਤਾ ਆਪਿ ਹੈ ਆਪੇ ਮੇਲਣਹਾਰੁ॥		Sabhanaa Dhaathaa Aap Hai Aapae Maelanehaar ||	He Himself is the Giver of all; He unites all with Himself.	ਸਭ ਜੀਵਾਂ ਨੂੰ (ਰੋਜ਼ੀ ਆਦਿਕ) ਦੇਣ ਵਾਲਾ ਤੇ (ਆਪਣੇ ਨਾਲ) ਮਿਲਾਣ ਵਾਲਾ ਪ੍ਰਭੂ ਆਪ ਹੀ ਹੈ।
53524	1244	ਨਾਨਕ ਸਬਦਿ ਮਿਲੇ ਨ ਵਿਛੁੜਹਿ ਜਿਨਾ ਸੇਵਿਆ ਹਰਿ ਦਾਤਾਰੁ॥੨॥		Naanak Sabadh Milae N Vishhurrehi Jinaa Saeviaa Har Dhaathaar ||2||	O Nanak, they are united with the Word of the Shabad; serving the Lord, the Great Giver, they shall never be separated from Him again. ||2||	ਹੇ ਨਾਨਕ! ਜਿਨ੍ਹਾਂ ਨੇ (ਸਾਰੇ ਪਦਾਰਥ) ਦੇਣ ਵਾਲੇ ਪ੍ਰਭੂ ਨੂੰ ਸਿਮਰਿਆ ਹੈ, ਜੋ ਗੁਰੂ ਦੇ ਸ਼ਬਦ ਵਿਚ ਜੁੜੇ ਰਹਿੰਦੇ ਹਨ ਉਹ ਕਦੇ ਪ੍ਰਭੂ ਤੋਂ ਵਿੱਛੁੜਦੇ ਨਹੀਂ ਹਨ ॥੨॥
53525	1244	ਪਉੜੀ॥		Pourree ||	Pauree:	
53526	1244	ਗੁਰਮੁਖਿ ਹਿਰਦੈ ਸਾਂਤਿ ਹੈ ਨਾਉ ਉਗਵਿ ਆਇਆ॥		Guramukh Hiradhai Saanth Hai Naao Ougav Aaeiaa ||	Peace and tranquility fill the heart of the Gurmukh; the Name wells up within them.	ਜੋ ਮਨੁੱਖ ਗੁਰੂ ਦੇ ਸਨਮੁਖ ਹੁੰਦੇ ਹਨ ਉਹਨਾਂ ਦੇ ਹਿਰਦੇ ਵਿਚ ਸ਼ਾਂਤੀ ਹੁੰਦੀ ਹੈ, (ਉਹਨਾਂ ਦੇ ਮਨ ਵਿਚ) ਨਾਮ (ਜਪਣ ਦਾ ਚਾਉ) ਪੈਦਾ ਹੋਇਆ ਰਹਿੰਦਾ ਹੈ।

53527	1244	ਜਪ ਤਪ ਤੀਰਥ ਸੰਜਮ ਕਰੇ ਮੇਰੇ ਪ੍ਰਭ ਭਾਇਆ॥		Jap Thap Theerathh Sanjam Karae Maerae Prabh Bhaaeiaa ||	Chanting and meditation, penance and self-discipline, and bathing at sacred shrines of pilgrimage - the merits of these come by pleasing my God.	(ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ) ਮੇਰੇ ਪ੍ਰਭੂ ਨੂੰ ਪਿਆਰੇ ਲੱਗਦੇ ਹਨ, ਉਹਨਾਂ (ਮਾਨੋ) ਜਪ ਕਰ ਲਏ ਹਨ, ਤਪ ਸਾਧ ਲਏ ਹਨ, ਤੀਰਥ ਨ੍ਹਾ ਲਏ ਹਨ ਤੇ ਮਨ ਨੂੰ ਵੱਸ ਕਰਨ ਦੇ ਸਾਧਨ ਕਰ ਲਏ ਹਨ।
53528	1244	ਹਿਰਦਾ ਸੁਧੁ ਹਰਿ ਸੇਵਦੇ ਸੋਹਹਿ ਗੁਣ ਗਾਇਆ॥		Hiradhaa Sudhh Har Saevadhae Sohehi Gun Gaaeiaa ||	So serve the Lord with a pure heart; singing His Glorious Praises, you shall be embellished and exalted.	ਗੁਰਮੁਖਾਂ ਦਾ ਹਿਰਦਾ ਪਵਿਤ੍ਰ ਹੁੰਦਾ ਹੈ, ਉਹ ਪ੍ਰਭੂ ਦਾ ਸਿਮਰਨ ਕਰਦੇ ਹਨ ਤੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰ ਕੇ ਸੋਹਣੇ ਲੱਗਦੇ ਹਨ।
53529	1244	ਮੇਰੇ ਹਰਿ ਜੀਉ ਏਵੈ ਭਾਵਦਾ ਗੁਰਮੁਖਿ ਤਰਾਇਆ॥		Maerae Har Jeeo Eaevai Bhaavadhaa Guramukh Tharaaeiaa ||	My Dear Lord is pleased by this; he carries the Gurmukh across.	ਪਿਆਰੇ ਪ੍ਰਭੂ ਨੂੰ ਭੀ ਇਹੀ ਗੱਲ ਚੰਗੀ ਲੱਗਦੀ ਹੈ, ਉਹ ਗੁਰਮੁਖਾਂ ਨੂੰ (ਸੰਸਾਰ-ਸਮੁੰਦਰ ਤੋਂ) ਤਾਰ ਲੈਂਦਾ ਹੈ।
53530	1244	ਨਾਨਕ ਗੁਰਮੁਖਿ ਮੇਲਿਅਨੁ ਹਰਿ ਦਰਿ ਸੋਹਾਇਆ॥੧੮॥		Naanak Guramukh Maelian Har Dhar Sohaaeiaa ||18||	O Nanak, the Gurmukh is merged with the Lord; he is embellished in His Court. ||18||	ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਨੂੰ ਪ੍ਰਭੂ ਨੇ ਆਪ ਆਪਣੇ ਨਾਲ ਮੇਲ ਲਿਆ ਹੁੰਦਾ ਹੈ, ਉਹ ਪ੍ਰਭੂ ਦੇ ਦਰ ਤੇ ਸੋਹਣੇ ਲੱਗਦੇ ਹਨ ॥੧੮॥
53531	1244	ਸਲੋਕ ਮਃ ੧॥		Salok Ma 1 ||	Shalok, First Mehl:	

53532	1244	ਧਨਵੰਤਾ ਇਵ ਹੀ ਕਹੈ ਅਵਰੀ ਧਨ ਕਉ ਜਾਉ॥		Dhhanavanthaa Eiv Hee Kehai Avaree Dhhan Ko Jaao ||	Thus speaks the wealthy man: I should go and get more wealth.	ਧਨ ਵਾਲਾ ਮਨੁੱਖ (ਸਦਾ) ਇਉਂ ਹੀ ਆਖਦਾ ਹੈ ਕਿ ਮੈਂ ਹੋਰ ਧਨ ਕਮਾਣ ਲਈ ਜਾਵਾਂ।
53533	1244	ਨਾਨਕੁ ਨਿਰਧਨੁ ਤਿਤੁ ਦਿਨਿ ਜਿਤੁ ਦਿਨਿ ਵਿਸਰੈ ਨਾਉ॥੧॥		Naanak Niradhhan Thith Dhin Jith Dhin Visarai Naao ||1||	Nanak becomes poor on that day when he forgets the Lord's Name. ||1||	ਪਰ ਨਾਨਕ ਤਾਂ ਉਸ ਦਿਹਾੜੇ ਕੰਗਾਲ (ਹੋਵੇਗਾ) ਜਿਸ ਦਿਨ ਇਸ ਨੂੰ ਪਰਮਾਤਮਾ ਦਾ ਨਾਮ ਵਿੱਸਰੇਗਾ ॥੧॥
53534	1244	ਮਃ ੧॥		Ma 1 ||	First Mehl:	
53535	1244	ਸੂਰਜੁ ਚੜੈ ਵਿਜੋਗਿ ਸਭਸੈ ਘਟੈ ਆਰਜਾ॥		Sooraj Charrai Vijog Sabhasai Ghattai Aarajaa ||	The sun rises and sets, and the lives of all run out.	ਸੂਰਜ ਚੜ੍ਹਦਾ ਹੈ (ਤੇ ਡੁੱਬਦਾ ਹੈ, ਇਸ ਤਰ੍ਹਾਂ ਦਿਨਾਂ ਦੇ) ਗੁਜ਼ਰਨ ਨਾਲ ਹਰੇਕ ਜੀਵ ਦੀ ਉਮਰ ਘਟ ਰਹੀ ਹੈ;
53536	1244	ਤਨੁ ਮਨੁ ਰਤਾ ਭੋਗਿ ਕੋਈ ਹਾਰੈ ਕੋ ਜਿਣੈ॥		Than Man Rathaa Bhog Koee Haarai Ko Jinai ||	The mind and body experience pleasures; one loses, and another wins.	ਜਿਸ ਦਾ ਮਨ ਤਨ ਮਾਇਆ ਦੇ ਭੋਗਣ ਵਿਚ ਰੁੱਝਾ ਹੋਇਆ ਹੈ ਉਹ ਤਾਂ ਮਨੁੱਖਾ ਜਨਮ ਦੀ ਬਾਜ਼ੀ ਹਾਰ ਜਾਂਦਾ ਹੈ, ਤੇ, ਕੋਈ (ਵਿਰਲਾ ਵਿਰਲਾ) ਜਿੱਤ ਕੇ ਜਾਂਦਾ ਹੈ।
53537	1244	ਸਭੁ ਕੋ ਭਰਿਆ ਫੂਕਿ ਆਖਣਿ ਕਹਣਿ ਨ ਥੰਮ੍ਹੀਐ॥		Sabh Ko Bhariaa Fook Aakhan Kehan N Thhanmheeai ||	Everyone is puffed up with pride; even after they are spoken to, they do not stop.	(ਮਾਇਆ ਦੇ ਕਾਰਨ) ਹਰੇਕ ਜੀਵ ਅਹੰਕਾਰ ਨਾਲ ਆਫਰਿਆ ਹੋਇਆ ਹੈ, ਸਮਝਾਇਆਂ ਆਕੜਨ ਤੋਂ ਰੁਕਦਾ ਨਹੀਂ।

53538	1244	ਨਾਨਕ ਵੇਖੈ ਆਪਿ ਫੂਕ ਕਢਾਏ ਢਹਿ ਪਵੈ॥੨॥		Naanak Vaekhai Aap Fook Kadtaaeae Dtehi Pavai ||2||	O Nanak, the Lord Himself sees all; when He takes the air out of the balloon, the body falls. ||2||	ਹੇ ਨਾਨਕ! ਪਰਮਾਤਮਾ ਆਪ (ਜੀਵ ਦੀ ਆਕੜ ਨੂੰ) ਵੇਖ ਰਿਹਾ ਹੈ, ਜਦੋਂ ਉਹ ਇਸ ਦੇ ਸੁਆਸ ਮੁਕਾ ਦੇਂਦਾ ਹੈ ਤਾਂ ਇਹ (ਅਹੰਕਾਰੀ) ਧਰਤੀ ਤੇ ਢਹਿ ਪੈਂਦਾ ਹੈ (ਭਾਵ, ਮਿੱਟੀ ਨਾਲ ਮਿਲ ਜਾਂਦਾ ਹੈ) ॥੨॥
53539	1244	ਪਉੜੀ॥		Pourree ||	Pauree:	
53540	1244	ਸਤਸੰਗਤਿ ਨਾਮੁ ਨਿਧਾਨੁ ਹੈ ਜਿਥਹੁ ਹਰਿ ਪਾਇਆ॥		Sathasangath Naam Nidhhaan Hai Jithhahu Har Paaeiaa ||	The treasure of the Name is in the Sat Sangat, the True Congregation. There, the Lord is found.	ਸਤਸੰਗ ਵਿਚ ਪਰਮਾਤਮਾ ਦਾ ਨਾਮ-ਰੂਪ ਖ਼ਜ਼ਾਨਾ ਹੈ, ਸਤਸੰਗ ਵਿਚੋਂ ਹੀ ਪਰਮਾਤਮਾ ਮਿਲਦਾ ਹੈ;
53541	1245	ਗੁਰ ਪਰਸਾਦੀ ਘਟਿ ਚਾਨਣਾ ਆਨ੍ਹੇਰੁ ਗਵਾਇਆ॥		Gur Parasaadhee Ghatt Chaananaa Aanhaer Gavaaeiaa ||	By Guru's Grace, the heart is illumined, and darkness is dispelled.	(ਸਤਸੰਗ ਵਿਚ ਰਿਹਾਂ) ਸਤਿਗੁਰੂ ਦੀ ਕਿਰਪਾ ਨਾਲ ਹਿਰਦੇ ਵਿਚ (ਪ੍ਰਭੂ ਦੇ ਨਾਮ ਦਾ) ਪ੍ਰਕਾਸ਼ ਹੋ ਜਾਂਦਾ ਹੈ ਤੇ (ਮਾਇਆ ਦੇ ਮੋਹ ਦਾ) ਹਨੇਰਾ ਦੂਰ ਹੋ ਜਾਂਦਾ ਹੈ।
53542	1245	ਲੋਹਾ ਪਾਰਸਿ ਭੇਟੀਐ ਕੰਚਨੁ ਹੋਇ ਆਇਆ॥		Lohaa Paaras Bhaetteeai Kanchan Hoe Aaeiaa ||	Iron is transformed into gold, when it touches the Philosopher's Stone.	(ਜਿਵੇਂ) ਪਾਰਸ ਨਾਲ ਛੋਹਿਆਂ ਲੋਹਾ ਸੋਨਾ ਬਣ ਜਾਂਦਾ ਹੈ,

53543	1245	ਨਾਨਕ ਸਤਿਗੁਰਿ ਮਿਲਿਐ ਨਾਉ ਪਾਈਐ ਮਿਲਿ ਨਾਮੁ ਧਿਆਇਆ॥		Naanak Sathigur Miliai Naao Paaeeai Mil Naam Dhhiaaeiaa ||	O Nanak, meeting with the True Guru, the Name is obtained. Meeting Him, the mortal meditates on the Name.	(ਇਸੇ ਤਰ੍ਹਾਂ) ਹੇ ਨਾਨਕ! ਜੇ ਸਤਿਗੁਰੂ ਮਿਲ ਪਏ (ਤਾਂ ਗੁਰੂ ਦੀ ਛੁਹ ਨਾਲ) ਨਾਮ ਮਿਲ ਜਾਂਦਾ ਹੈ, (ਗੁਰੂ ਨੂੰ) ਮਿਲ ਕੇ ਨਾਮ ਸਿਮਰੀਦਾ ਹੈ।
53544	1245	ਜਿਨ੍ਹ ਕੈ ਪੋਤੈ ਪੁੰਨੁ ਹੈ ਤਿਨ੍ਹੀ ਦਰਸਨੁ ਪਾਇਆ॥੧੯॥		Jinh Kai Pothai Punn Hai Thinhee Dharasan Paaeiaa ||19||	Those who have virtue as their treasure, obtain the Blessed Vision of His Darshan. ||19||	ਪਰ (ਪ੍ਰਭੂ ਦਾ) ਦੀਦਾਰ ਉਹਨਾਂ ਨੂੰ ਪ੍ਰਾਪਤ ਹੁੰਦਾ ਹੈ ਜਿਨ੍ਹਾਂ ਦੇ ਭਾਗਾਂ ਵਿਚ (ਪਿਛਲੀ ਕੀਤੀ) ਭਲਿਆਈ ਮੌਜੂਦ ਹੈ ॥੧੯॥
53545	1245	ਸਲੋਕ ਮਃ ੧॥		Salok Ma 1 ||	Shalok, First Mehl:	
53546	1245	ਧ੍ਰਿਗੁ ਤਿਨਾ ਕਾ ਜੀਵਿਆ ਜਿ ਲਿਖਿ ਲਿਖਿ ਵੇਚਹਿ ਨਾਉ॥		Dhhrig Thinaa Kaa Jeeviaa J Likh Likh Vaechehi Naao ||	Cursed are the lives of those who read and write the Lord's Name to sell it.	ਜੋ ਮਨੁੱਖ ਪਰਮਾਤਮਾ ਦਾ ਨਾਮ (ਤਵੀਤ ਤੇ ਜੰਤ੍ਰ-ਜੰਤ੍ਰ ਆਦਿਕ ਦੀ ਸ਼ਕਲ ਵਿਚ) ਵੇਚਦੇ ਹਨ ਉਹਨਾਂ ਦੇ ਜੀਉਣ ਨੂੰ ਲਾਹਨਤ ਹੈ।

53547	1245	ਖੇਤੀ ਜਿਨ ਕੀ ਉਜੜੈ ਖਲਵਾੜੇ ਕਿਆ ਥਾਉ॥		Khaethee Jin Kee Oujarrai Khalavaarrae Kiaa Thhaao ||	Their crop is devastated - what harvest will they have?	(ਜੇ ਉਹ ਬੰਦਗੀ ਭੀ ਕਰਦੇ ਹਨ ਤਾਂ ਭੀ ਉਹਨਾਂ ਦੀ 'ਨਾਮ' ਵਾਲੀ ਫ਼ਸਲ ਇਸ ਤਰ੍ਹਾਂ ਨਾਲੋ ਨਾਲ ਹੀ ਉੱਜੜਦੀ ਜਾਂਦੀ ਹੈ, ਤੇ) ਜਿਨ੍ਹਾਂ ਦੀ ਫ਼ਸਲ (ਨਾਲੋ ਨਾਲ) ਉੱਜੜਦੀ ਜਾਏ ਉਹਨਾਂ ਦਾ ਖਲਵਾੜਾ ਕਿੱਥੇ ਬਣਨਾ ਹੋਇਆ? (ਭਾਵ, ਉਸ ਬੰਦਗੀ ਦਾ ਚੰਗਾ ਸਿੱਟਾ ਨਹੀਂ ਨਿਕਲ ਸਕਦਾ, ਕਿਉਂਕਿ ਉਹ ਬੰਦਗੀ ਦੇ ਸਹੀ ਰਾਹ ਤੋਂ ਖੁੰਝੇ ਰਹਿੰਦੇ ਹਨ)।
53548	1245	ਸਚੈ ਸਰਮੈ ਬਾਹਰੇ ਅਗੈ ਲਹਹਿ ਨ ਦਾਦਿ॥		Sachai Saramai Baaharae Agai Lehehi N Dhaadh ||	Lacking truth and humility, they shall not be appreciated in the world hereafter.	ਸਹੀ ਮਿਹਨਤ ਤੋਂ ਬਿਨਾ ਪ੍ਰਭੂ ਦੀ ਹਜ਼ੂਰੀ ਵਿਚ ਭੀ ਉਹਨਾਂ ਦੀ ਕਦਰ ਨਹੀਂ ਹੁੰਦੀ।
53549	1245	ਅਕਲਿ ਏਹ ਨ ਆਖੀਐ ਅਕਲਿ ਗਵਾਈਐ ਬਾਦਿ॥		Akal Eaeh N Aakheeai Akal Gavaaeeai Baadh ||	Wisdom which leads to arguments is not called wisdom.	(ਪਰਮਾਤਮਾ ਦਾ ਸਿਮਰਨ ਕਰਨਾ ਬੜੀ ਸੁੰਦਰ ਅਕਲ ਦੀ ਗੱਲ ਹੈ, ਪਰ ਤਵੀਤ-ਧਾਗੇ ਬਣਾ ਕੇ ਦੇਣ ਵਿਚ ਰੁੱਝ ਪੈਣ ਨਾਲ ਇਹ) ਅਕਲ ਵਿਅਰਥ ਗਵਾ ਲੈਣਾ-ਇਸ ਨੂੰ ਅਕਲ ਨਹੀਂ ਆਖੀਦਾ।
53550	1245	ਅਕਲੀ ਸਾਹਿਬੁ ਸੇਵੀਐ ਅਕਲੀ ਪਾਈਐ ਮਾਨੁ॥		Akalee Saahib Saeveeai Akalee Paaeeai Maan ||	Wisdom leads us to serve our Lord and Master; through wisdom, honor is obtained.	ਅਕਲ ਇਹ ਹੈ ਕਿ ਪਰਮਾਤਮਾ ਦਾ ਸਿਮਰਨ ਕਰੀਏ ਤੇ ਇੱਜ਼ਤ ਖੱਟੀਏ,

53551	1245	ਅਕਲੀ ਪੜਿ ਕੈ ਬੁਝੀਐ ਅਕਲੀ ਕੀਚੈ ਦਾਨੁ॥		Akalee Parrih Kai Bujheeai Akalee Keechai Dhaan ||	Wisdom does not come by reading textbooks; wisdom inspires us to give in charity.	ਅਕਲ ਇਹ ਹੈ ਕਿ (ਪ੍ਰਭੂ ਦੀ ਸਿਫ਼ਤ-ਸਾਲਾਹ ਵਾਲੀ ਬਾਣੀ) ਪੜ੍ਹੀਏ (ਇਸ ਦੇ ਡੂੰਘੇ ਭੇਤ) ਸਮਝੀਏ ਤੇ ਹੋਰਨਾਂ ਨੂੰ ਸਮਝਾਈਏ।
53552	1245	ਨਾਨਕੁ ਆਖੈ ਰਾਹੁ ਏਹੁ ਹੋਰਿ ਗਲਾਂ ਸੈਤਾਨੁ॥੧॥		Naanak Aakhai Raahu Eaehu Hor Galaan Saithaan ||1||	Says Nanak, this is the Path; other things lead to Satan. ||1||	ਨਾਨਕ ਆਖਦਾ ਹੈ ਕਿ ਜ਼ਿੰਦਗੀ ਦਾ ਸਹੀ ਰਸਤਾ ਸਿਰਫ਼ ਇਹੀ ਹੈ, (ਸਿਮਰਨ ਤੋਂ) ਲਾਂਭ ਦੀਆਂ ਗੱਲਾਂ (ਦੱਸਣ ਵਾਲਾ) ਸ਼ੈਤਾਨ ਹੈ ॥੧॥
53553	1245	ਮਃ ੨॥		Ma 2 ||	Second Mehl:	
53554	1245	ਜੈਸਾ ਕਰੈ ਕਹਾਵੈ ਤੈਸਾ ਐਸੀ ਬਨੀ ਜਰੂਰਤਿ॥		Jaisaa Karai Kehaavai Thaisaa Aisee Banee Jaroorath ||	Mortals are known by their actions; this is the way it has to be.	ਅਵੱਸੋਂ ਹੀ ਐਸੀ ਮਰਯਾਦਾ ਬਣੀ ਹੋਈ ਹੈ ਕਿ ਮਨੁੱਖ ਜਿਹੋ ਜਿਹਾ ਕੰਮ ਕਰਦਾ ਹੈ ਉਹੋ ਜਿਹਾ ਉਸ ਦਾ ਨਾਮ ਪੈ ਜਾਂਦਾ ਹੈ।
53555	1245	ਹੋਵਹਿ ਲਿੰਙ ਝਿੰਙ ਨਹ ਹੋਵਹਿ ਐਸੀ ਕਹੀਐ ਸੂਰਤਿ॥	ਸੱਚਿਆਈ ਸਹਿਤ (ਲਿੰਙ) ਸੂਰਮਾ। ਸੱਚਿਆਈ ਤੋਂ ਝੜਿਆ (ਝਿੰਙ) ਕਾਇਰ	Hovehi Linn(g) Jhinn(g) Neh Hovehi Aisee Keheeai Soorath ||	They should show goodness, and not be deformed by their actions; this is how they are called beautiful.	(ਇਸ ਮਰਯਾਦਾ ਅਨੁਸਾਰ ਅਸਲ ਵਿਚ) ਉਹੀ ਜਿਸਮ ਮਨੁੱਖਾ ਜਿਸਮ ਅਖਵਾਣ ਦੇ ਲਾਇਕ ਹੁੰਦਾ ਹੈ ਜਿਸ ਦੇ ਨਰੋਏ ਅੰਗ ਹੁੰਦੇ ਹਨ, ਜਿਸ ਦੇ ਅੰਗ ਝੜੇ ਹੋਏ ਨਹੀਂ ਹੁੰਦੇ।
53556	1245	ਜੋ ਓਸੁ ਇਛੇ ਸੋ ਫਲੁ ਪਾਏ ਤਾਂ ਨਾਨਕ ਕਹੀਐ ਮੂਰਤਿ॥੨॥		Jo Ous Eishhae So Fal Paaeae Thaan Naanak Keheeai Moorath ||2||	Whatever they desire, they shall receive; O Nanak, they become the very image of God. ||2||	(ਇਸੇ ਤਰ੍ਹਾਂ) ਹੇ ਨਾਨਕ! ਉਹੀ ਹਸਤੀ ਮਨੁੱਖਾ ਹਸਤੀ ਕਹੀ ਜਾਣੀ ਚਾਹੀਦੀ ਹੈ ਜਿਸ ਦੇ ਅੰਦਰ ਪ੍ਰਭੂ ਨੂੰ ਮਿਲਣ ਦੀ ਤਾਂਘ ਹੋਵੇ ਤੇ (ਇਸ ਤਾਂਘ-ਅਨੁਸਾਰ ਪ੍ਰਭੂ-ਮਿਲਾਪ-ਰੂਪ) ਫਲ ਪ੍ਰਾਪਤ ਹੋ ਜਾਏ ॥੨॥

53557	1245	ਪਉੜੀ॥		Pourree ||	Pauree:	
53558	1245	ਸਤਿਗੁਰੁ ਅੰਮ੍ਰਿਤ ਬਿਰਖੁ ਹੈ ਅੰਮ੍ਰਿਤ ਰਸਿ ਫਲਿਆ॥		Sathigur Anmrith Birakh Hai Anmrith Ras Faliaa ||	The True Guru is the tree of ambrosia. it bears the fruit of sweet nectar.	ਗੁਰੂ (ਮਾਨੋ) ਅੰਮ੍ਰਿਤ ਦਾ ਰੁੱਖ ਹੈ ਜੋ ਅੰਮ੍ਰਿਤ ਦੇ ਰਸ ਨਾਲ ਫਲਿਆ ਹੋਇਆ ਹੈ (ਭਾਵ, ਜਿਸ ਨੂੰ ਅੰਮ੍ਰਿਤ-ਰਸ ਰੂਪ ਫਲ ਲੱਗਾ ਹੋਇਆ ਹੈ, ਜਿਸ ਪਾਸੋਂ ਨਾਮ-ਅੰਮ੍ਰਿਤ ਦਾ ਰਸ ਮਿਲਦਾ ਹੈ)।
53559	1245	ਜਿਸੁ ਪਰਾਪਤਿ ਸੋ ਲਹੈ ਗੁਰ ਸਬਦੀ ਮਿਲਿਆ॥		Jis Paraapath So Lehai Gur Sabadhee Miliaa ||	He alone receives it, who is so pre-destined, through the Word of the Guru's Shabad.	(ਇਹ ਨਾਮ-ਰੂਪ ਅੰਮ੍ਰਿਤ ਫਲ) ਗੁਰੂ ਦੇ ਸ਼ਬਦ ਦੀ ਰਾਹੀਂ ਮਿਲਦਾ ਹੈ, ਪਰ ਉਹ ਮਨੁੱਖ ਪ੍ਰਾਪਤ ਕਰਦਾ ਹੈ ਜਿਸ ਦੇ ਭਾਗਾਂ ਵਿਚ ਪ੍ਰਾਪਤ ਕਰਨਾ ਧੁਰੋਂ ਲਿਖਿਆ ਹੈ।
53560	1245	ਸਤਿਗੁਰ ਕੈ ਭਾਣੈ ਜੋ ਚਲੈ ਹਰਿ ਸੇਤੀ ਰਲਿਆ॥		Sathigur Kai Bhaanai Jo Chalai Har Saethee Raliaa ||	One who walks in harmony with the Will of the True Guru, is blended with the Lord.	ਜਿਹੜਾ ਮਨੁੱਖ ਗੁਰੂ ਦੇ ਹੁਕਮ ਵਿੱਚ ਤੁਰਦਾ ਹੈ, ਉਹ ਪਰਮਾਤਮਾ ਨਾਲ ਇਕ-ਰੂਪ ਹੋਇਆ ਰਹਿੰਦਾ ਹੈ।
53561	1245	ਜਮਕਾਲੁ ਜੋਹਿ ਨ ਸਕਈ ਘਟਿ ਚਾਨਣੁ ਬਲਿਆ॥		Jamakaal Johi N Sakee Ghatt Chaanan Baliaa ||	The Messenger of Death cannot even see him; his heart is illumined with God's Light.	ਉਸ ਮਨੁੱਖ ਨੂੰ ਜਮਕਾਲ ਘੂਰ ਨਹੀਂ ਸਕਦਾ (ਭਾਵ, ਮੌਤ ਦਾ ਡਰ ਉਸ ਨੂੰ ਪੋਹ ਨਹੀਂ ਸਕਦਾ) ਕਿਉਂਕਿ ਉਸ ਦੇ ਹਿਰਦੇ ਵਿਚ ਰੱਬੀ ਜੋਤਿ ਜਗ ਪੈਂਦੀ ਹੈ।

53562	1245	ਨਾਨਕ ਬਖਸਿ ਮਿਲਾਇਅਨੁ ਫਿਰਿ ਗਰਭਿ ਨ ਗਲਿਆ॥੨੦॥		Naanak Bakhas Milaaeian Fir Garabh N Galiaa ||20||	O Nanak, God forgives him, and blends him with Himself; he does not rot away in the womb of reincarnation ever again. ||20||	ਹੇ ਨਾਨਕ! ਜਿਨ੍ਹਾਂ ਬੰਦਿਆਂ ਨੂੰ ਉਸ ਪ੍ਰਭੂ ਨੇ ਬਖ਼ਸ਼ਸ਼ ਕਰ ਕੇ ਆਪਣੇ ਨਾਲ ਮਿਲਾਇਆ ਹੈ ਉਹ ਮੁੜ ਮੁੜ ਜੂਨਾਂ ਵਿਚ ਨਹੀਂ ਗਲਦੇ ॥੨੦॥
53563	1245	ਸਲੋਕ ਮਃ ੧॥		Salok Ma 1 ||	Shalok, First Mehl:	
53564	1245	ਸਚੁ ਵਰਤੁ ਸੰਤੋਖੁ ਤੀਰਥੁ ਗਿਆਨੁ ਧਿਆਨੁ ਇਸਨਾਨੁ॥		Sach Varath Santhokh Theerathh Giaan Dhhiaan Eisanaan ||	Those who have truth as their fast, contentment as their sacred shrine of pilgrimage, spiritual wisdom and meditation as their cleansing bath,	ਜਿਨ੍ਹਾਂ ਮਨੁੱਖਾਂ ਨੇ ਸੱਚ ਨੂੰ ਵਰਤ ਬਣਾਇਆ (ਭਾਵ, ਸੱਚ ਧਾਰਨ ਕਰਨ ਦਾ ਪ੍ਰਣ ਲਿਆ ਹੈ), ਸੰਤੋਖ ਜਿਨ੍ਹਾਂ ਦਾ ਤੀਰਥ ਹੈ, ਜੀਵਨ-ਮਨੋਰਥ ਦੀ ਸਮਝ ਤੇ ਪ੍ਰਭੂ-ਚਰਨਾਂ ਵਿਚ ਚਿੱਤ ਜੋੜਨ ਨੂੰ ਜਿਨ੍ਹਾਂ ਨੇ ਤੀਰਥਾਂ ਦਾ ਇਸ਼ਨਾਨ ਸਮਝਿਆ ਹੈ;
53565	1245	ਦਇਆ ਦੇਵਤਾ ਖਿਮਾ ਜਪਮਾਲੀ ਤੇ ਮਾਣਸ ਪਰਧਾਨ॥		Dhaeiaa Dhaevathaa Khimaa Japamaalee Thae Maanas Paradhhaan ||	Kindness as their deity, and forgiveness as their chanting beads - they are the most excellent people.	ਦਇਆ ਜਿਨ੍ਹਾਂ ਦਾ ਇਸ਼ਟ-ਦੇਵ ਹੈ, (ਦੂਜਿਆਂ ਦੀ ਵਧੀਕੀ) ਸਹਾਰਨ ਦੀ ਆਦਤਿ ਜਿਨ੍ਹਾਂ ਦੀ ਮਾਲਾ ਹੈ;

53566	1245	ਜੁਗਤਿ ਧੋਤੀ ਸੁਰਤਿ ਚਉਕਾ ਤਿਲਕੁ ਕਰਣੀ ਹੋਇ॥		Jugath Dhhothee Surath Choukaa Thilak Karanee Hoe ||	Those who take the Way as their loincloth, and intuitive awareness their ritualistically purified enclosure, with good deeds their ceremonial forehead mark,	(ਸੁਚੱਜਾ ਜੀਵਨ) ਜੀਉਣ ਦੀ ਜਾਚ ਜਿਨ੍ਹਾਂ ਲਈ (ਦੇਵ-ਪੂਜਾ ਵੇਲੇ ਪਹਿਨਣ ਵਾਲੀ) ਧੋਤੀ ਹੈ, ਸੁਰਤ (ਨੂੰ ਪਵਿਤ੍ਰ ਰੱਖਣਾ) ਜਿਨ੍ਹਾਂ ਦਾ (ਸੁੱਚਾ) ਚੌਕਾ ਹੈ, ਉੱਚੇ ਆਚਰਨ ਦਾ ਜਿਨ੍ਹਾਂ ਦੇ ਮੱਥੇ ਉਤੇ ਤਿਲਕ ਲਾਇਆ ਹੋਇਆ ਹੈ,
53567	1245	ਭਾਉ ਭੋਜਨੁ ਨਾਨਕਾ ਵਿਰਲਾ ਤ ਕੋਈ ਕੋਇ॥੧॥		Bhaao Bhojan Naanakaa Viralaa Th Koee Koe ||1||	And love their food - O Nanak, they are very rare. ||1||	ਤੇ ਪ੍ਰੇਮ ਜਿਨ੍ਹਾਂ (ਦੇ ਆਤਮਾ) ਦੀ ਖ਼ੁਰਾਕ ਹੈ, ਹੇ ਨਾਨਕ! ਉਹ ਮਨੁੱਖ ਸਭ ਤੋਂ ਚੰਗੇ ਹਨ; ਪਰ, ਇਹੋ ਜਿਹਾ ਮਨੁੱਖ ਹੈ ਕੋਈ ਕੋਈ ਵਿਰਲਾ ॥੧॥
53568	1245	ਮਹਲਾ ੩॥		Mehalaa 3 ||	Third Mehl:	
53569	1245	ਨਉਮੀ ਨੇਮੁ ਸਚੁ ਜੇ ਕਰੈ॥		Noumee Naem Sach Jae Karai ||	On the ninth day of the month, make a vow to speak the Truth,	ਜੇ ਮਨੁੱਖ ਸੱਚ ਧਾਰਨ ਕਰਨ ਦੇ ਨੇਮ ਨੂੰ ਨੌਮੀ (ਦਾ ਵਰਤ) ਬਣਾਏ,
53570	1245	ਕਾਮ ਕ੍ਰੋਧੁ ਤ੍ਰਿਸਨਾ ਉਚਰੈ॥	(ਉ) ਵਿਸ਼ੇਸ਼ ਕਰਕੇ (ਚਰੇ) ਖਾਵੇ, ਨਾਸ ਕਰੇ। ਉ-ਚਰੈ (ਦੂਜਾ ਪਾਠ: ਉ ਚਰੈ)	Kaam Krodhh Thrisanaa Oucharai ||	And your sexual desire, anger and desire shall be eaten up.	ਕਾਮ ਕ੍ਰੋਧ ਤੇ ਲਾਲਚ ਨੂੰ ਚੰਗੀ ਤਰ੍ਹਾਂ ਦੂਰ ਕਰ ਲਏ;

53571	1245	ਦਸਮੀ ਦਸੇ ਦੁਆਰ ਜੇ ਠਾਕੈ ਏਕਾਦਸੀ ਏਕੁ ਕਰਿ ਜਾਣੈ॥		Dhasamee Dhasae Dhuaar Jae Thaakai Eaekaadhasee Eaek Kar Jaanai ||	On the tenth day, regulate your ten doors; on the eleventh day, know that the Lord is One.	ਜੇ ਦਸ ਹੀ ਇੰਦ੍ਰਿਆਂ ਨੂੰ (ਵਿਕਾਰਾਂ ਵਲੋਂ) ਰੋਕ ਰੱਖੇ (ਇਸ ਉੱਦਮ ਨੂੰ) ਦਸਮੀ (ਥਿੱਤ ਦਾ ਵਰਤ) ਬਣਾਏ; ਇਕ ਪਰਮਾਤਮਾ ਨੂੰ ਹਰ ਥਾਂ ਵਿਆਪਕ ਸਮਝੇ-ਇਹ ਉਸ ਦਾ ਏਕਾਦਸੀ ਦਾ ਵਰਤ ਹੋਵੇ;
53572	1245	ਦੁਆਦਸੀ ਪੰਚ ਵਸਗਤਿ ਕਰਿ ਰਾਖੈ ਤਉ ਨਾਨਕ ਮਨੁ ਮਾਨੈ॥	ਵੱਸ-ਗਤਿ ਗਤਿ: ਪੋਲਾ ਬੋਲੋ	Dhuaadhasee Panch Vasagath Kar Raakhai Tho Naanak Man Maanai ||	On the twelfth day, the five thieves are subdued, and then, O Nanak, the mind is pleased and appeased.	ਪੰਜ ਕਾਮਾਦਿਕਾਂ ਨੂੰ ਕਾਬੂ ਵਿਚ ਰੱਖੇ-ਜੇ ਇਹ ਉਸ ਦਾ ਦੁਆਦਸੀ ਦਾ ਵਰਤ ਬਣੇ, ਤਾਂ, ਹੇ ਨਾਨਕ! ਮਨ ਪਤੀਜ ਜਾਂਦਾ ਹੈ।
53573	1245	ਐਸਾ ਵਰਤੁ ਰਹੀਜੈ ਪਾਡੇ ਹੋਰ ਬਹੁਤੁ ਸਿਖ ਕਿਆ ਦੀਜੈ॥੨॥	ਪਾਂਡੇ। ਸਿੱਖ	Aisaa Varath Reheejai Paaddae Hor Bahuth Sikh Kiaa Dheejai ||2||	Observe such a fast as this, O Pandit, O religious scholar; of what use are all the other teachings? ||2||	ਹੇ ਪੰਡਿਤ! ਜੇ ਇਹੋ ਜਿਹਾ ਵਰਤ ਨਿਬਾਹ ਸਕੀਏ ਤਾਂ ਕਿਸੇ ਹੋਰ ਸਿੱਖਿਆ ਦੀ ਲੋੜ ਨਹੀਂ ਪੈਂਦੀ ॥੨॥
53574	1245	ਪਉੜੀ॥		Pourree ||	Pauree:	
53575	1245	ਭੂਪਤਿ ਰਾਜੇ ਰੰਗ ਰਾਇ ਸੰਚਹਿ ਬਿਖੁ ਮਾਇਆ॥		Bhoopath Raajae Rang Raae Sanchehi Bikh Maaeiaa ||	Kings, rulers and monarchs enjoy pleasures and gather the poison of Maya.	ਪਾਤਸ਼ਾਹ, ਰਾਜੇ, ਕੰਗਾਲ ਤੇ ਅਮੀਰ-ਸਭ ਮਾਇਆ-ਰੂਪ ਜ਼ਹਿਰ ਜੋੜਦੇ ਹਨ;
53576	1245	ਕਰਿ ਕਰਿ ਹੇਤੁ ਵਧਾਇਦੇ ਪਰ ਦਰਬੁ ਚੁਰਾਇਆ॥		Kar Kar Haeth Vadhhaaeidhae Par Dharab Churaaeiaa ||	In love with it, they collect more and more, stealing the wealth of others.	ਜੋੜ ਜੋੜ ਕੇ (ਇਸ ਨਾਲ) ਹਿਤ ਵਧਾਂਦੇ ਹਨ (ਤੇ ਜੇ ਦਾਉ ਲੱਗੇ ਤਾਂ) ਦੂਜਿਆਂ ਦੇ ਧਨ (ਭੀ) ਚੁਰਾ ਲੈਂਦੇ ਹਨ;

53577	1245	ਪੁਤ੍ਰ ਕਲਤ੍ਰ ਨ ਵਿਸ ਹਹਿ ਬਹੁ ਪ੍ਰੀਤਿ ਲਗਾਇਆ॥	ਕ-ਲੱਤ੍ਰ। (ਵਿਸ) ਭਰੋਸਾ। ਵਿਸ: ਪੋਲਾ ਬੋਲੋ	Puthr Kalathr N Visehehi Bahu Preeth Lagaaeiaa ||	They do not trust their own children or spouses; they are totally attached to the love of Maya.	ਮਾਇਆ ਨਾਲ (ਇਤਨਾ) ਵਧੀਕ ਹਿਤ ਜੋੜਦੇ ਹਨ ਕਿ ਪੁਤ੍ਰ ਤੇ ਵਹੁਟੀ ਦਾ ਭੀ ਇਤਬਾਰ ਨਹੀਂ ਕਰਦੇ;
53578	1245	ਵੇਖਦਿਆ ਹੀ ਮਾਇਆ ਧੁਹਿ ਗਈ ਪਛੁਤਹਿ ਪਛੁਤਾਇਆ॥		Vaekhadhiaa Hee Maaeiaa Dhhuhi Gee Pashhuthehi Pashhuthaaeiaa ||	But even as they look on, Maya cheats them, and they come to regret and repent.	(ਪਰ ਜਦੋਂ) ਅੱਖਾਂ ਦੇ ਸਾਹਮਣੇ ਹੀ ਮਾਇਆ ਹੀ ਮਾਇਆ ਛਲ ਕੇ (ਭਾਵ, ਆਪਣੇ ਮੋਹ ਵਿਚ ਫਸਾ ਕੇ) ਚਲੀ ਜਾਂਦੀ ਹੈ ਤਾਂ (ਇਸ ਨੂੰ ਜੋੜਨ ਵਾਲੇ) ਹਾਹੁਕੇ ਲੈਂਦੇ ਹਨ;
53579	1245	ਜਮ ਦਰਿ ਬਧੇ ਮਾਰੀਅਹਿ ਨਾਨਕ ਹਰਿ ਭਾਇਆ॥੨੧॥		Jam Dhar Badhhae Maareeahi Naanak Har Bhaaeiaa ||21||	Bound and gagged at Death's door, they are beaten and punished; O Nanak, it pleases the Will of the Lord. ||21||	(ਤਦੋਂ ਇਉਂ ਜਾਪਦਾ ਹੈ, ਜਿਵੇਂ ਉਹ) ਜਮ ਦੇ ਬੂਹੇ ਬੱਝੇ ਹੋਏ ਕੁੱਟ ਖਾ ਰਹੇ ਹਨ; ਹੇ ਨਾਨਕ! (ਕਿਸੇ ਦੇ ਵੱਸ ਦੀ ਗੱਲ ਨਹੀਂ) ਪ੍ਰਭੂ ਨੂੰ ਇਉਂ ਹੀ ਚੰਗਾ ਲੱਗਦਾ ਹੈ ॥੨੧॥
53580	1245	ਸਲੋਕ ਮਃ ੧॥		Salok Ma 1 ||	Shalok, First Mehl:	
53581	1245	ਗਿਆਨ ਵਿਹੂਣਾ ਗਾਵੈ ਗੀਤ॥		Giaan Vihoonaa Gaavai Geeth ||	The one who lacks spiritual wisdom sings religious songs.	(ਪੰਡਿਤ ਦਾ ਇਹ ਹਾਲ ਹੈ ਕਿ) ਪਰਮਾਤਮਾ ਦੇ ਭਜਨ ਤਾਂ ਗਾਂਦਾ ਹੈ ਪਰ ਆਪ ਸਮਝ ਤੋਂ ਸੱਖਣਾ ਹੈ (ਭਾਵ, ਇਸ ਭਜਨ ਗਾਣ ਨੂੰ ਉਹ ਰੋਜ਼ੀ ਦਾ ਵਸੀਲਾ ਬਣਾਈ ਰੱਖਦਾ ਹੈ, ਸਮਝ ਉੱਚੀ ਨਹੀਂ ਹੋ ਸਕੀ)।

53582	1245	ਭੁਖੇ ਮੁਲਾਂ ਘਰੇ ਮਸੀਤਿ॥	ਮੁੱਲਾਂ	Bhukhae Mulaan Gharae Maseeth ||	The hungry Mullah turns his home into a mosque.	ਭੁੱਖ ਦੇ ਮਾਰੇ ਹੋਏ ਮੁੱਲਾਂ ਦੀ ਮਸੀਤ ਭੀ ਰੋਜ਼ੀ ਦੀ ਖ਼ਾਤਰ ਹੀ ਹੈ (ਭਾਵ, ਮੁੱਲਾਂ ਨੇ ਭੀ ਬਾਂਗ ਨਮਾਜ਼ ਆਦਿਕ ਮਸੀਤ ਦੀ ਕ੍ਰਿਆ ਨੂੰ ਰੋਟੀ ਦਾ ਵਸੀਲਾ ਬਣਾਇਆ ਹੋਇਆ ਹੈ)।
53583	1245	ਮਖਟੂ ਹੋਇ ਕੈ ਕੰਨ ਪੜਾਏ॥	ਮਖ-ਟੂ: ਪੋਲਾ ਬੋਲੋ	Makhattoo Hoe Kai Kann Parraaeae ||	The lazy unemployed has his ears pierced to look like a Yogi.	(ਤੀਜਾ ਇਕ) ਹੋਰ ਹੈ ਜੋ ਹੱਡ-ਹਰਾਮ ਹੋਣ ਕਰਕੇ ਕੰਨ ਪੜਵਾ ਲੈਂਦਾ ਹੈ,
53584	1245	ਫਕਰੁ ਕਰੇ ਹੋਰੁ ਜਾਤਿ ਗਵਾਏ॥		Fakar Karae Hor Jaath Gavaaeae ||	Someone else becomes a pan-handler, and loses his social status.	ਫ਼ਕੀਰ ਬਣ ਜਾਂਦਾ ਹੈ, ਕੁਲ ਦੀ ਅਣਖ ਗਵਾ ਬੈਠਦਾ ਹੈ,
53585	1245	ਗੁਰੁ ਪੀਰੁ ਸਦਾਏ ਮੰਗਣ ਜਾਇ॥		Gur Peer Sadhaaeae Mangan Jaae ||	One who calls himself a guru or a spiritual teacher, while he goes around begging	(ਉਂਝ ਤਾਂ ਆਪਣੇ ਆਪ ਨੂੰ) ਗੁਰੂ ਪੀਰ ਅਖਵਾਂਦਾ ਹੈ (ਪਰ ਰੋਟੀ ਦਰ ਦਰ) ਮੰਗਦਾ ਫਿਰਦਾ ਹੈ;
53586	1245	ਤਾ ਕੈ ਮੂਲਿ ਨ ਲਗੀਐ ਪਾਇ॥		Thaa Kai Mool N Lageeai Paae ||	- don't ever touch his feet.	ਅਜੇਹੇ ਬੰਦੇ ਦੇ ਪੈਰੀਂ ਭੀ ਕਦੇ ਨਹੀਂ ਲੱਗਣਾ ਚਾਹੀਦਾ।
53587	1245	ਘਾਲਿ ਖਾਇ ਕਿਛੁ ਹਥਹੁ ਦੇਇ॥		Ghaal Khaae Kishh Hathhahu Dhaee ||	One who works for what he eats, and gives some of what he has	ਜੋ ਜੋ ਮਨੁੱਖ ਮਿਹਨਤ ਨਾਲ ਕਮਾ ਕੇ (ਆਪ) ਖਾਂਦਾ ਹੈ ਤੇ ਉਸ ਕਮਾਈ ਵਿਚੋਂ ਕੁਝ (ਹੋਰਨਾਂ ਨੂੰ ਭੀ) ਦੇਂਦਾ ਹੈ,

53588	1245	ਨਾਨਕ ਰਾਹੁ ਪਛਾਣਹਿ ਸੇਇ॥੧॥		Naanak Raahu Pashhaanehi Saee ||1||	- O Nanak, he knows the Path. ||1||	ਹੇ ਨਾਨਕ! ਅਜੇਹੇ ਬੰਦੇ ਹੀ ਜ਼ਿੰਦਗੀ ਦਾ ਸਹੀ ਰਸਤਾ ਪਛਾਣਦੇ ਹਨ ॥੧॥
53589	1246	ਮਃ ੧॥		Ma 1 ||	First Mehl:	
53590	1246	ਮਨਹੁ ਜਿ ਅੰਧੇ ਕੂਪ ਕਹਿਆ ਬਿਰਦੁ ਨ ਜਾਣਨੀ॥		Manahu J Andhhae Koop Kehiaa Biradh N Jaananhee ||	Those mortals whose minds are like deep dark pits do not understand the purpose of life, even when it is explained to them.	ਜੋ ਮਨੁੱਖ ਮਨੋਂ ਅੰਨ੍ਹੇ ਘੁੱਪ ਹਨ (ਭਾਵ, ਪੁੱਜ ਕੇ ਮੂਰਖ ਹਨ), ਉਹ ਦੱਸਿਆਂ ਭੀ ਇਨਸਾਨੀ ਫ਼ਰਜ਼ ਨਹੀਂ ਜਾਣਦੇ;
53591	1246	ਮਨਿ ਅੰਧੈ ਊਂਧੈ ਕਵਲਿ ਦਿਸਨਿ ਖਰੇ ਕਰੂਪ॥		Man Andhhai Oonadhhai Kaval Dhisanih Kharae Karoop ||	Their minds are blind, and their heart-lotuses are upside-down; they look totally ugly.	ਮਨ ਅੰਨ੍ਹਾ ਹੋਣ ਕਰਕੇ ਤੇ ਹਿਰਦਾ-ਕਵਲ (ਧਰਮ ਵਲੋਂ) ਉਲਟਿਆ ਹੋਣ ਦੇ ਕਾਰਨ ਉਹ ਬੰਦੇ ਬਹੁਤ ਕੋਝੇ ਲੱਗਦੇ ਹਨ।
53592	1246	ਇਕਿ ਕਹਿ ਜਾਣਹਿ ਕਹਿਆ ਬੁਝਹਿ ਤੇ ਨਰ ਸੁਘੜ ਸਰੂਪ॥		Eik Kehi Jaanehi Kehiaa Bujhehi Thae Nar Sugharr Saroop ||	Some know how to speak, and understand what they are told. They are wise and beautiful.	ਕਈ ਮਨੁੱਖ ਐਸੇ ਹਨ ਜੋ ਗੱਲ ਕਰਨੀ ਭੀ ਜਾਣਦੇ ਹਨ ਤੇ ਕਿਸੇ ਦੀ ਆਖੀ ਸਮਝਦੇ ਭੀ ਹਨ ਉਹ ਮਨੁੱਖ ਸੁਚੱਜੇ ਤੇ ਸੋਹਣੇ ਜਾਪਦੇ ਹਨ।

53593	1246	ਇਕਨਾ ਨਾਦ ਨ ਬੇਦ ਨ ਗੀਅ ਰਸੁ ਰਸ ਕਸ ਨ ਜਾਣੰਤਿ॥	(ਰਸੁ) ਵਾਹਿਗੁਰੂ ਜੀ ਦੇ ਗੀਤ ਦਾ ਰਸੁ (ਦੂਜਾ ਪਾਠ: ਗੀਅਰ ਸੁ)	Eikanaa Naadh N Baedh N Geea Ras Ras Kas N Jaananth ||	Some do not understand about the Sound-current of the Naad or the Vedas, music, virtue or vice.	ਕਈ ਬੰਦਿਆਂ ਨੂੰ ਨਾਹ ਜੋਗੀਆਂ ਦੇ ਨਾਦ ਦਾ ਰਸ, ਨਾਹ ਵੇਦ ਦਾ ਸ਼ੌਕ, ਨਾਹ ਰਾਗ ਦੀ ਖਿੱਚ-ਕਿਸੇ ਤਰ੍ਹਾਂ ਦੇ ਕੋਮਲ ਹੁਨਰ ਵਲ ਰੁਚੀ ਨਹੀਂ ਹੈ,
53594	1246	ਇਕਨਾ ਸੁਧਿ ਨ ਬੁਧਿ ਨ ਅਕਲਿ ਸਰ ਅਖਰ ਕਾ ਭੇਉ ਨ ਲਹੰਤਿ॥	(ਸਰ) ਸ੍ਰੇਸਟ	Eikanaa Sudhh N Budhh N Akal Sar Akhar Kaa Bhaeo N Lehanth ||	Some are not blessed with understanding, intelligence, or sublime intellect; they do not grasp the mystery of God's Word.	ਨਾਹ ਸੂਝ, ਨਾਹ ਬੁੱਧੀ, ਨਾਹ ਅਕਲ ਦੀ ਸਾਰ, ਤੇ ਇਕ ਅੱਖਰ ਭੀ ਪੜ੍ਹਨਾ ਨਹੀਂ ਜਾਣਦੇ।
53595	1246	ਨਾਨਕ ਸੇ ਨਰ ਅਸਲਿ ਖਰ ਜਿ ਬਿਨੁ ਗੁਣ ਗਰਬੁ ਕਰੰਤਿ॥੨॥		Naanak Sae Nar Asal Khar J Bin Gun Garab Karanth ||2||	O Nanak, they are donkeys; they are very proud of themselves, but they have no virtues at all. ||2||	ਹੇ ਨਾਨਕ! ਜਿਨ੍ਹਾਂ ਵਿਚ ਕੋਈ ਭੀ ਗੁਣ ਨਾਹ ਹੋਵੇ ਤੇ ਅਹੰਕਾਰ ਕਰੀ ਜਾਣ, ਉਹ ਮਨੁੱਖ ਨਿਰੇ ਖੋਤੇ ਹਨ ॥੨॥
53596	1246	ਪਉੜੀ॥		Pourree ||	Pauree:	
53597	1246	ਗੁਰਮੁਖਿ ਸਭ ਪਵਿਤੁ ਹੈ ਧਨੁ ਸੰਪੈ ਮਾਇਆ॥		Guramukh Sabh Pavith Hai Dhhan Sanpai Maaeiaa ||	To the Gurmukh, everything is sacred: wealth, property, Maya.	ਜੋ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰਦੇ ਹਨ ਉਹਨਾਂ ਲਈ ਧਨ-ਪਦਾਰਥ ਮਾਇਆ ਆਦਿਕ ਸਭ ਕੁਝ ਪਵਿਤ੍ਰ ਹੈ,

53598	1246	ਹਰਿ ਅਰਥਿ ਜੋ ਖਰਚਦੇ ਦੇਂਦੇ ਸੁਖੁ ਪਾਇਆ॥		Har Arathh Jo Kharachadhae Dhaenadhae Sukh Paaeiaa ||	Those who spend the wealth of the Lord find peace through giving.	ਕਿਉਂਕਿ ਉਹ ਰੱਬ ਲੇਖੇ ਭੀ ਖ਼ਰਚਦੇ ਹਨ ਤੇ (ਲੋੜਵੰਦਿਆਂ ਨੂੰ) ਦੇਂਦੇ ਹਨ (ਜਿਉਂ ਜਿਉਂ ਵੰਡਦੇ ਹਨ ਤਿਉਂ) ਸੁਖ ਪਾਂਦੇ ਹਨ।
53599	1246	ਜੋ ਹਰਿ ਨਾਮੁ ਧਿਆਇਦੇ ਤਿਨ ਤੋਟਿ ਨ ਆਇਆ॥		Jo Har Naam Dhhiaaeidhae Thin Thott N Aaeiaa ||	Those who meditate on the Lord's Name shall never be deprived.	ਜੋ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ (ਤੇ ਮਾਇਆ ਲੋੜਵੰਦਿਆਂ ਨੂੰ ਦੇਂਦੇ ਹਨ) ਉਹਨਾਂ ਨੂੰ (ਮਾਇਆ ਵਲੋਂ) ਥੁੜ ਨਹੀਂ ਆਉਂਦੀ;
53600	1246	ਗੁਰਮੁਖਾਂ ਨਦਰੀ ਆਵਦਾ ਮਾਇਆ ਸੁਟਿ ਪਾਇਆ॥		Guramukhaan Nadharee Aavadhaa Maaeiaa Sutt Paaeiaa ||	The Gurmukhs come to see the Lord, and leave behind the things of Maya.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਨੂੰ (ਇਹ ਗੱਲ) ਸਾਫ਼ ਦਿਸਦੀ ਹੈ, (ਇਸ ਵਾਸਤੇ) ਉਹ ਮਾਇਆ (ਹੋਰਨਾਂ ਨੂੰ ਭੀ) ਹੱਥੋਂ ਦੇਂਦੇ ਹਨ।
53601	1246	ਨਾਨਕ ਭਗਤਾਂ ਹੋਰੁ ਚਿਤਿ ਨ ਆਵਈ ਹਰਿ ਨਾਮਿ ਸਮਾਇਆ॥੨੨॥		Naanak Bhagathaan Hor Chith N Aavee Har Naam Samaaeiaa ||22||	O Nanak, the devotees do not think of anything else; they are absorbed in the Name of the Lord. ||22||	ਹੇ ਨਾਨਕ! ਭਗਤੀ ਕਰਨ ਵਾਲੇ ਬੰਦਿਆਂ ਨੂੰ (ਪ੍ਰਭੂ ਦੇ ਨਾਮ ਤੋਂ ਬਿਨਾ ਕੁਝ) ਹੋਰ ਚਿੱਤ ਵਿਚ ਨਹੀਂ ਆਉਂਦਾ (ਭਾਵ, ਧਨ ਆਦਿਕ ਦਾ ਮੋਹ ਉਹਨਾਂ ਦੇ ਮਨ ਵਿਚ ਘਰ ਨਹੀਂ ਕਰ ਸਕਦਾ) ਉਹ ਪ੍ਰਭੂ ਦੇ ਨਾਮ ਵਿਚ ਲੀਨ ਰਹਿੰਦੇ ਹਨ ॥੨੨॥
53602	1246	ਸਲੋਕ ਮਃ ੪॥		Salok Ma 4 ||	Shalok, Fourth Mehl:	
53603	1246	ਸਤਿਗੁਰੁ ਸੇਵਨਿ ਸੇ ਵਡਭਾਗੀ॥		Sathigur Saevan Sae Vaddabhaagee ||	Those who serve the True Guru are very fortunate.	ਉਹ ਮਨੁੱਖ ਵੱਡੇ ਭਾਗਾਂ ਵਾਲੇ ਹਨ ਜੋ ਆਪਣੇ ਗੁਰੂ ਦੇ ਦੱਸੇ ਰਾਹ ਤੇ ਤੁਰਦੇ ਹਨ,

53604	1246	ਸਚੈ ਸਬਦਿ ਜਿਨ੍ਹਾ ਏਕ ਲਿਵ ਲਾਗੀ॥		Sachai Sabadh Jinhaa Eaek Liv Laagee ||	They are lovingly attuned to the True Shabad, the Word of the One God.	ਗੁਰੂ ਦੇ ਸੱਚੇ ਸ਼ਬਦ ਦੇ ਰਾਹੀਂ ਜਿਨ੍ਹਾਂ ਦੀ ਸੁਰਤ ਇਕ ਪਰਮਾਤਮਾ ਵਿਚ ਲੱਗੀ ਰਹਿੰਦੀ ਹੈ,
53605	1246	ਗਿਰਹ ਕੁਟੰਬ ਮਹਿ ਸਹਜਿ ਸਮਾਧੀ॥		Gireh Kuttanb Mehi Sehaj Samaadhhee ||	In their own household and family, they are in natural Samaadhi.	ਜੋ ਗ੍ਰਿਹਸਤ-ਪਰਵਾਰ ਵਿੱਚ ਰਹਿੰਦੇ ਹੋਏ ਭੀ ਅਡੋਲ ਅਵਸਥਾ ਵਿੱਚ ਟਿਕੇ ਰਹਿੰਦੇ ਹਨ।
53606	1246	ਨਾਨਕ ਨਾਮਿ ਰਤੇ ਸੇ ਸਚੇ ਬੈਰਾਗੀ॥੧॥		Naanak Naam Rathae Sae Sachae Bairaagee ||1||	O Nanak, those who are attuned to the Naam are truly detached from the world. ||1||	ਹੇ ਨਾਨਕ! ਉਹ ਮਨੁੱਖ ਅਸਲ ਵਿਰਕਤ ਹਨ ਜੋ ਪ੍ਰਭੂ ਦੇ ਨਾਮ ਵਿਚ ਰੰਗੇ ਹੋਏ ਹਨ ॥੧॥
53607	1246	ਮਃ ੪॥		Ma 4 ||	Fourth Mehl:	
53608	1246	ਗਣਤੈ ਸੇਵ ਨ ਹੋਵਈ ਕੀਤਾ ਥਾਇ ਨ ਪਾਇ॥		Ganathai Saev N Hovee Keethaa Thhaae N Paae ||	Calculated service is not service at all, and what is done is not approved.	ਜੇ ਇਹ ਆਖਦੇ ਰਹੀਏ ਕਿ ਮੈਂ ਫਲਾਣਾ ਕੰਮ ਕੀਤਾ, ਫਲਾਣੀ ਸੇਵਾ ਕੀਤੀ ਤਾਂ ਇਸ ਤਰ੍ਹਾਂ ਸੇਵਾ ਨਹੀਂ ਹੋ ਸਕਦੀ, ਇਸ ਤਰ੍ਹਾਂ ਕੀਤਾ ਹੋਇਆ ਕੋਈ ਭੀ ਕੰਮ ਸਫਲ ਨਹੀਂ ਹੁੰਦਾ।
53609	1246	ਸਬਦੈ ਸਾਦੁ ਨ ਆਇਓ ਸਚਿ ਨ ਲਗੋ ਭਾਉ॥		Sabadhai Saadh N Aaeiou Sach N Lago Bhaao ||	The flavor of the Shabad, the Word of God, is not tasted if the mortal is not in love with the True Lord God.	ਜਿਸ ਮਨੁੱਖ ਨੂੰ ਸਤਿਗੁਰੂ ਦੇ ਸ਼ਬਦ ਦਾ ਆਨੰਦ ਨਹੀਂ ਆਉਂਦਾ, ਪ੍ਰਭੂ ਦੇ ਨਾਮ ਵਿਚ ਉਸ ਦਾ ਪਿਆਰ ਨਹੀਂ ਬਣ ਸਕਦਾ।

53610	1246	ਸਤਿਗੁਰੁ ਪਿਆਰਾ ਨ ਲਗਈ ਮਨ ਹਠਿ ਆਵੈ ਜਾਇ॥		Sathigur Piaaraa N Lagee Manehath Aavai Jaae ||	The stubborn-minded person does not even like the True Guru; he comes and goes in reincarnation.	ਜਿਸ ਨੂੰ ਗੁਰੂ ਪਿਆਰਾ ਨਹੀਂ ਲੱਗਦਾ ਉਹ ਮਨ ਦੇ ਹਠ ਨਾਲ ਹੀ (ਗੁਰੂ ਦੇ ਦਰ ਤੇ) ਆਉਂਦਾ ਜਾਂਦਾ ਹੈ (ਭਾਵ, ਗੁਰੂ-ਦਰ ਤੇ ਜਾਣ ਦਾ ਉਸ ਨੂੰ ਕੋਈ ਲਾਭ ਨਹੀਂ ਹੁੰਦਾ, ਕਿਉਂਕਿ)
53611	1246	ਜੇ ਇਕ ਵਿਖ ਅਗਾਹਾ ਭਰੇ ਤਾਂ ਦਸ ਵਿਖਾਂ ਪਿਛਾਹਾ ਜਾਇ॥	ਵਿਖ: ਪੋਲਾ ਬੋਲੋ	Jae Eik Vikh Agaahaa Bharae Thaan Dhas Vikhaan Pishhaahaa Jaae ||	He takes one step forward, and ten steps back.	ਜੇ ਉਹ ਇਕ ਕਦਮ ਅਗਾਹਾਂ ਨੂੰ ਪੁੱਟਦਾ ਹੈ ਤਾਂ ਦਸ ਕਦਮ ਪਿਛਾਂਹ ਜਾ ਪੈਂਦਾ ਹੈ।
53612	1246	ਸਤਿਗੁਰ ਕੀ ਸੇਵਾ ਚਾਕਰੀ ਜੇ ਚਲਹਿ ਸਤਿਗੁਰ ਭਾਇ॥		Sathigur Kee Saevaa Chaakaree Jae Chalehi Sathigur Bhaae ||	The mortal works to serve the True Guru, if he walks in harmony with the True Guru's Will.	ਜੇ ਮਨੁੱਖ ਸਤਿਗੁਰੂ ਦੇ ਭਾਣੇ ਵਿਚ ਤੁਰਨ, ਤਾਂ ਹੀ ਗੁਰੂ ਦੀ ਸੇਵਾ ਚਾਕਰੀ ਪ੍ਰਵਾਨ ਹੁੰਦੀ ਹੈ।
53613	1246	ਆਪੁ ਗਵਾਇ ਸਤਿਗੁਰੂ ਨੋ ਮਿਲੈ ਸਹਜੇ ਰਹੈ ਸਮਾਇ॥		Aap Gavaae Sathiguroo No Milai Sehajae Rehai Samaae ||	He loses his self-conceit, and meets the True Guru; he remains intuitively absorbed in the Lord.	ਜੋ ਮਨੁੱਖ ਆਪਾ-ਭਾਵ ਮਿਟਾ ਕੇ ਗੁਰੂ ਦੇ ਦਰ ਤੇ ਜਾਏ ਤਾਂ ਉਹ ਅਡੋਲ ਅਵਸਥਾ ਵਿਚ ਟਿਕਿਆ ਰਹਿੰਦਾ ਹੈ।

53614	1246	ਨਾਨਕ ਤਿਨ੍ਹਾ ਨਾਮੁ ਨ ਵੀਸਰੈ ਸਚੇ ਮੇਲਿ ਮਿਲਾਇ॥੨॥		Naanak Thinhaa Naam N Veesarai Sachae Mael Milaae ||2||	O Nanak, they never forget the Naam, the Name of the Lord; they are united in Union with the True Lord. ||2||	ਹੇ ਨਾਨਕ! ਅਜੇਹੇ ਬੰਦਿਆਂ ਨੂੰ ਪ੍ਰਭੂ ਦਾ ਨਾਮ ਭੁੱਲਦਾ ਨਹੀਂ ਹੈ, ਉਹ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਜੁੜੇ ਰਹਿੰਦੇ ਹਨ ॥੨॥
53615	1246	ਪਉੜੀ॥		Pourree ||	Pauree:	
53616	1246	ਖਾਨ ਮਲੂਕ ਕਹਾਇਦੇ ਕੋ ਰਹਣੁ ਨ ਪਾਈ॥		Khaan Malook Kehaaeidhae Ko Rehan N Paaee ||	They call themselves emperors and rulers, but none of them will be allowed to stay.	(ਜੋ ਲੋਕ ਆਪਣੇ ਆਪ ਨੂੰ) ਖ਼ਾਨ ਤੇ ਬਾਦਸ਼ਾਹ ਅਖਵਾਂਦੇ ਹਨ (ਤਾਂ ਭੀ ਕੀਹ ਹੋਇਆ?) ਕੋਈ (ਇਥੇ ਸਦਾ) ਨਹੀਂ ਰਹਿ ਸਕਦਾ;
53617	1246	ਗੜ੍ਹ ਮੰਦਰ ਗਚ ਗੀਰੀਆ ਕਿਛੁ ਸਾਥਿ ਨ ਜਾਈ॥	ਗੱਚ	Garrh Mandhar Gach Geereeaa Kishh Saathh N Jaaee ||	Their sturdy forts and mansions - none of them will go along with them.	ਜੇ ਕਿਲ੍ਹੇ, ਸੋਹਣੇ ਘਰ ਤੇ ਚੂਨੇ-ਗੱਚ ਇਮਾਰਤਾਂ ਹੋਣ (ਤਾਂ ਭੀ ਕੀਹ ਹੈ?) ਕੋਈ ਚੀਜ਼ (ਮਨੁੱਖ ਦੇ ਮਰਨ ਤੇ) ਨਾਲ ਨਹੀਂ ਜਾਂਦੀ,
53618	1246	ਸੋਇਨ ਸਾਖਤਿ ਪਉਣ ਵੇਗ ਧ੍ਰਿਗੁ ਧ੍ਰਿਗੁ ਚਤੁਰਾਈ॥		Soein Saakhath Poun Vaeg Dhhrig Dhhrig Chathuraaee ||	Their gold and horses, fast as the wind, are cursed, and cursed are their clever tricks.	ਜੇ ਸੋਨੇ ਦੀਆਂ ਦੁਮਚੀਆਂ ਵਾਲੇ ਤੇ ਹਵਾ ਵਰਗੀ ਤੇਜ਼ ਰਫਤਾਰ ਵਾਲੇ ਘੋੜੇ ਹੋਣ (ਤਾਂ ਭੀ ਇਹਨਾਂ ਦੇ ਮਾਣ ਤੇ ਕੋਈ) ਆਕੜ ਵਿਖਾਣੀ ਧਿੱਕਾਰ-ਜੋਗ ਹੈ;
53619	1246	ਛਤੀਹ ਅੰਮ੍ਰਿਤ ਪਰਕਾਰ ਕਰਹਿ ਬਹੁ ਮੈਲੁ ਵਧਾਈ॥		Shhatheeh Anmrith Parakaar Karehi Bahu Mail Vadhhaaee ||	Eating the thirty-six delicacies, they become bloated with pollution.	ਜੇ ਕਈ ਕਿਸਮਾਂ ਦੇ ਸੁੰਦਰ ਸੁਆਦਲੇ ਖਾਣੇ ਖਾਂਦੇ ਹੋਣ (ਤਾਂ ਭੀ) ਬਹੁਤਾ ਵਿਸ਼ਟਾ ਹੀ ਵਧਾਂਦੇ ਹਨ!

53620	1246	ਨਾਨਕ ਜੋ ਦੇਵੈ ਤਿਸਹਿ ਨ ਜਾਣਨੀ ਮਨਮੁਖਿ ਦੁਖੁ ਪਾਈ॥੨੩॥		Naanak Jo Dhaevai Thisehi N Jaananhee Manamukh Dhukh Paaee ||23||	O Nanak, the self-willed manmukh does not know the One who gives, and so he suffers in pain. ||23||	ਹੇ ਨਾਨਕ! ਜੋ ਦਾਤਾਰ ਪ੍ਰਭੂ ਇਹ ਸਾਰੀਆਂ ਚੀਜ਼ਾਂ ਦੇਂਦਾ ਹੈ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਉਸ ਨਾਲ ਡੂੰਘੀ ਸਾਂਝ ਨਹੀਂ ਬਣਾਂਦੇ (ਇਸ ਵਾਸਤੇ) ਦੁੱਖ ਹੀ ਪਾਂਦੇ ਹਨ ॥੨੩॥
53621	1246	ਸਲੋਕ ਮਃ ੩॥		Salok Ma 3 ||	Shalok, Third Mehl:	
53622	1246	ਪੜਿ ਪੜਿ ਪੰਡਿਤ ਮੋਨੀ ਥਕੇ ਦੇਸੰਤਰ ਭਵਿ ਥਕੇ ਭੇਖਧਾਰੀ॥		Parrih Parrih Panddith Muonee Thhakae Dhaesanthar Bhav Thhakae Bhaekhadhhaaree ||	The Pandits, the religious scholars and the silent sages read and recite until they get tired. They wander through foreign lands in their religious robes, until they are exhausted.	ਮੁਨੀ ਤੇ ਪੰਡਿਤ (ਵੇਦ ਆਦਿਕ ਧਰਮ-ਪੁਸਤਕਾਂ) ਪੜ੍ਹ ਪੜ੍ਹ ਕੇ ਥੱਕ ਗਏ, ਭੇਖਧਾਰੀ ਸਾਧੂ ਧਰਤੀ ਦਾ ਰਟਨ ਕਰ ਕੇ ਥੱਕ ਗਏ; ਇਤਨਾ (ਵਿਅਰਥ) ਔਖ ਹੀ ਸਹਾਰਦੇ ਰਹੇ,
53623	1246	ਦੂਜੈ ਭਾਇ ਨਾਉ ਕਦੇ ਨ ਪਾਇਨਿ ਦੁਖੁ ਲਾਗਾ ਅਤਿ ਭਾਰੀ॥		Dhoojai Bhaae Naao Kadhae N Paaein Dhukh Laagaa Ath Bhaaree ||	In love with duality, they never receive the Name. Held in the grasp of pain, they suffer terribly.	(ਜਿਤਨਾ ਚਿਰ) ਪ੍ਰਭੂ ਤੋਂ ਬਿਨਾ ਕਿਸੇ ਹੋਰ ਦੇ ਪਿਆਰ ਵਿਚ ਮਨ ਫਸਿਆ ਹੋਇਆ ਹੈ (ਪੰਡਿਤ ਕੀਹ ਤੇ ਸਾਧੂ ਕੀਹ ਕੋਈ ਭੀ) ਪ੍ਰਭੂ ਦਾ ਨਾਮ ਪ੍ਰਾਪਤ ਨਹੀਂ ਕਰ ਸਕਦੇ,
53624	1246	ਮੂਰਖ ਅੰਧੇ ਤ੍ਰੈ ਗੁਣ ਸੇਵਹਿ ਮਾਇਆ ਕੈ ਬਿਉਹਾਰੀ॥		Moorakh Andhhae Thrai Gun Saevehi Maaeiaa Kai Biouhaaree ||	The blind fools serve the three gunas, the three dispositions; they deal only with Maya.	ਕਿਉਂਕਿ ਮਾਇਆ ਦੇ ਵਪਾਰੀ ਬਣੇ ਰਹਿਣ ਕਰ ਕੇ ਮੂਰਖ ਅੰਨ੍ਹੇ ਮਨੁੱਖ ਤਿੰਨਾਂ ਗੁਣਾਂ ਨੂੰ ਹੀ ਸਿਓਂਦੇ ਹਨ (ਭਾਵ, ਤਿੰਨਾਂ ਗੁਣਾਂ ਵਿਚ ਹੀ ਰਹਿੰਦੇ ਹਨ)।

53625	1246	ਅੰਦਰਿ ਕਪਟੁ ਉਦਰੁ ਭਰਣ ਕੈ ਤਾਈ ਪਾਠ ਪੜਹਿ ਗਾਵਾਰੀ॥	ਤਾਂਈਂ	Andhar Kapatt Oudhar Bharan Kai Thaaee Paath Parrehi Gaavaaree ||	With deception in their hearts, the fools read sacred texts to fill their bellies.	ਉਹ ਮੂਰਖ (ਬਾਹਰ ਤਾਂ) ਰੋਜ਼ੀ ਕਮਾਣ ਦੀ ਖ਼ਾਤਰ (ਧਰਮ-ਪੁਸਤਕਾਂ ਦਾ) ਪਾਠ ਕਰਦੇ ਹਨ, ਪਰ (ਉਹਨਾਂ ਦੇ) ਮਨ ਵਿਚ ਖੋਟ ਹੀ ਟਿਕਿਆ ਰਹਿੰਦਾ ਹੈ।
53626	1246	ਸਤਿਗੁਰੁ ਸੇਵੇ ਸੋ ਸੁਖੁ ਪਾਏ ਜਿਨ ਹਉਮੈ ਵਿਚਹੁ ਮਾਰੀ॥		Sathigur Saevae So Sukh Paaeae Jin Houmai Vichahu Maaree ||	One who serves the True Guru finds peace; he eradicates egotism from within.	ਜੋ ਮਨੁੱਖ ਗੁਰੂ ਦੇ ਦੱਸੇ ਰਾਹ ਉੱਤੇ ਤੁਰਦਾ ਹੈ ਉਹ ਸੁਖ ਪਾਂਦਾ ਹੈ (ਕਿਉਂਕਿ ਗੁਰੂ ਦੇ ਰਾਹ ਉੱਤੇ ਤੁਰਨ ਵਾਲੇ ਮਨੁੱਖ) ਮਨ ਵਿਚੋਂ ਹਉਮੈ ਦੂਰ ਕਰ ਲੈਂਦੇ ਹਨ।
53627	1246	ਨਾਨਕ ਪੜਣਾ ਗੁਨਣਾ ਇਕੁ ਨਾਉ ਹੈ ਬੂਝੈ ਕੋ ਬੀਚਾਰੀ॥੧॥		Naanak Parranaa Gunanaa Eik Naao Hai Boojhai Ko Beechaaree ||1||	O Nanak, there is One Name to chant and dwell on; how rare are those who reflect on this and understand. ||1||	ਹੇ ਨਾਨਕ! ਸਿਰਫ਼ ਪਰਮਾਤਮਾ ਦਾ ਨਾਮ ਹੀ ਪੜ੍ਹਨ ਤੇ ਵਿਚਾਰਨ ਜੋਗ ਹੈ, ਪਰ ਕੋਈ ਵਿਚਾਰਵਾਨ ਹੀ ਇਸ ਗੱਲ ਨੂੰ ਸਮਝਦਾ ਹੈ ॥੧॥
53628	1246	ਮਃ ੩॥		Ma 3 ||	Third Mehl:	
53629	1246	ਨਾਂਗੇ ਆਵਣਾ ਨਾਂਗੇ ਜਾਣਾ ਹਰਿ ਹੁਕਮੁ ਪਾਇਆ ਕਿਆ ਕੀਜੈ॥		Naangae Aavanaa Naangae Jaanaa Har Hukam Paaeiaa Kiaa Keejai ||	Naked we come, and naked we go. This is by the Lord's Command; what else can we do?	ਜਗਤ ਵਿਚ ਹਰੇਕ ਜੀਵ ਖ਼ਾਲੀ-ਹੱਥ ਆਉਂਦਾ ਹੈ ਤੇ ਖ਼ਾਲੀ ਹੱਥ ਇਥੋਂ ਤੁਰ ਜਾਂਦਾ ਹੈ-ਪ੍ਰਭੂ ਨੇ ਇਹੀ ਹੁਕਮ ਰੱਖਿਆ ਹੈ, ਇਸ ਵਿਚ ਕੋਈ ਨਾਹ-ਨੁੱਕਰ ਨਹੀਂ ਕੀਤੀ ਜਾ ਸਕਦੀ;

53630	1246	ਜਿਸ ਕੀ ਵਸਤੁ ਸੋਈ ਲੈ ਜਾਇਗਾ ਰੋਸੁ ਕਿਸੈ ਸਿਉ ਕੀਜੈ॥		Jis Kee Vasath Soee Lai Jaaeigaa Ros Kisai Sio Keejai ||	The object belongs to Him; He shall take it away; with whom should one be angry.	(ਇਹ ਜਿੰਦ) ਜਿਸ ਪ੍ਰਭੂ ਦੀ ਦਿੱਤੀ ਹੋਈ ਚੀਜ਼ ਹੈ ਉਹੀ ਵਾਪਸ ਲੈ ਜਾਂਦਾ ਹੈ, (ਇਸ ਬਾਰੇ) ਕਿਸੇ ਨਾਲ ਕੋਈ ਗਿਲਾ ਨਹੀਂ ਕੀਤਾ ਜਾ ਸਕਦਾ।
53631	1246	ਗੁਰਮੁਖਿ ਹੋਵੈ ਸੁ ਭਾਣਾ ਮੰਨੇ ਸਹਜੇ ਹਰਿ ਰਸੁ ਪੀਜੈ॥		Guramukh Hovai S Bhaanaa Mannae Sehajae Har Ras Peejai ||	One who becomes Gurmukh accepts God's Will; he intuitively drinks in the Lord's sublime essence.	ਗੁਰੂ ਦੇ ਦੱਸੇ ਰਾਹ ਉਤੇ ਤੁਰਨ ਵਾਲਾ ਮਨੁੱਖ ਪ੍ਰਭੂ ਦੀ ਰਜ਼ਾ ਨੂੰ ਮੰਨਦਾ ਹੈ, ਤੇ (ਕਿਸੇ ਪਿਆਰੇ ਦੇ ਮਰਨ ਤੇ ਭੀ) ਅਡੋਲ ਰਹਿ ਕੇ ਨਾਮ-ਅੰਮ੍ਰਿਤ ਪੀਂਦਾ ਹੈ।
53632	1246	ਨਾਨਕ ਸੁਖਦਾਤਾ ਸਦਾ ਸਲਾਹਿਹੁ ਰਸਨਾ ਰਾਮੁ ਰਵੀਜੈ॥੨॥		Naanak Sukhadhaathaa Sadhaa Salaahihu Rasanaa Raam Raveejai ||2||	O Nanak, praise the Giver of peace forever; with your tongue, savor the Lord. ||2||	ਹੇ ਨਾਨਕ! ਸਦਾ ਸੁਖ ਦੇਣ ਵਾਲੇ ਪ੍ਰਭੂ ਨੂੰ ਸਿਮਰੋ, ਤੇ ਜੀਭ ਨਾਲ ਪ੍ਰਭੂ ਦਾ ਨਾਮ ਜਪੋ ॥੨॥
53633	1247	ਪਉੜੀ॥		Pourree ||	Pauree:	
53634	1247	ਗੜਿ ਕਾਇਆ ਸੀਗਾਰ ਬਹੁ ਭਾਂਤਿ ਬਣਾਈ॥		Garrih Kaaeiaa Seegaar Bahu Bhaanth Banaaee ||	The fortress of the body has been decorated and adorned in so many ways.	(ਮਾਇਆ-ਧਾਰੀ ਮਨੁੱਖ) ਸਰੀਰ (-ਰੂਪ) ਕਿਲ੍ਹੇ ਉਤੇ ਕਈ ਕਿਸਮ ਦੇ ਸ਼ਿੰਗਾਰ ਬਣਾਂਦੇ ਹਨ,

53635	1247	ਰੰਗ ਪਰੰਗ ਕਤੀਫਿਆ ਪਹਿਰਹਿ ਧਰ ਮਾਈ॥	(ਪਰੰਗ) ਮਿਸ੍ਰਤ ਰੰਗ ਦੇ ਬਸਤ੍ਰ। ਕ-ਤੀਫਿਆ। ਪੁਸ਼ਾਕਾਂ, ਜੇਬ ਚ (ਮਾਈ) ਮਾਇਆ ਧਰ ਧਰ ਕੇ। ਪਹਿਰ-ਹਿ	Rang Parang Katheefiaa Pehirehi Dhhar Maaee ||	The wealthy wear beautiful silk robes of various colors.	ਮਾਇਆ-ਧਾਰੀ ਰੰਗ-ਬਰੰਗੇ ਰੇਸ਼ਮੀ ਕੱਪੜੇ ਪਹਿਨਦੇ ਹਨ,
53636	1247	ਲਾਲ ਸੁਪੇਦ ਦੁਲੀਚਿਆ ਬਹੁ ਸਭਾ ਬਣਾਈ॥		Laal Supaedh Dhuleechiaa Bahu Sabhaa Banaaee ||	They hold elegant and beautiful courts, on red and white carpets.	ਲਾਲ ਤੇ ਚਿੱਟੇ ਦੁਲੀਚਿਆਂ ਉਤੇ ਬੈਠ ਕੇ ਬੜੀਆਂ ਮਜਲਸਾਂ ਲਾਂਦੇ ਹਨ,
53637	1247	ਦੁਖੁ ਖਾਣਾ ਦੁਖੁ ਭੋਗਣਾ ਗਰਬੈ ਗਰਬਾਈ॥		Dhukh Khaanaa Dhukh Bhoganaa Garabai Garabaaee ||	But they eat in pain, and in pain they seek pleasure; they are very proud of their pride.	ਅਹੰਕਾਰ ਵਿਚ ਹੀ ਆਕੜ ਵਿਚ ਹੀ (ਸਦਾ ਰਹਿੰਦੇ ਹਨ)। (ਇਸ ਵਾਸਤੇ ਉਹਨਾਂ ਨੂੰ) ਖਾਣ ਤੇ ਭੋਗਣ ਨੂੰ ਦੁੱਖ ਹੀ ਮਿਲਦਾ ਹੈ (ਭਾਵ, ਮਨ ਵਿਚ ਸ਼ਾਂਤੀ ਨਹੀਂ ਹੁੰਦੀ, ਕਿਉਂਕਿ)
53638	1247	ਨਾਨਕ ਨਾਮੁ ਨ ਚੇਤਿਓ ਅੰਤਿ ਲਏ ਛਡਾਈ॥੨੪॥		Naanak Naam N Chaethiou Anth Leae Shhaddaaee ||24||	O Nanak, the mortal does not even think of the Name, which shall deliver him in the end. ||24||	ਹੇ ਨਾਨਕ! ਉਹ ਪਰਮਾਤਮਾ ਦਾ ਨਾਮ ਨਹੀਂ ਸਿਮਰਦੇ ਜੋ (ਦੁੱਖ ਤੋਂ) ਆਖ਼ਰ ਛਡਾਂਦਾ ਹੈ ॥੨੪॥
53639	1247	ਸਲੋਕ ਮਃ ੩॥		Salok Ma 3 ||	Shalok, Third Mehl:	
53640	1247	ਸਹਜੇ ਸੁਖਿ ਸੁਤੀ ਸਬਦਿ ਸਮਾਇ॥		Sehajae Sukh Suthee Sabadh Samaae ||	She sleeps in intuitive peace and poise, absorbed in the Word of the Shabad.	ਜਿਹੜੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਵਿਚ ਲੀਨ ਹੋ ਕੇ ਅਡੋਲ ਅਵਸਥਾ ਵਿਚ ਸਾਂਤਿ-ਅਵਸਥਾ ਵਿਚ ਟਿਕਦੀ ਹੈ,

53641	1247	ਆਪੇ ਪ੍ਰਭਿ ਮੇਲਿ ਲਈ ਗਲਿ ਲਾਇ॥		Aapae Prabh Mael Lee Gal Laae ||	God hugs her close in His Embrace, and merges her into Himself.	ਉਸ ਨੂੰ ਪ੍ਰਭੂ ਨੇ ਆਪ ਹੀ ਪਿਆਰ ਨਾਲ ਮਿਲਾ ਲਿਆ ਹੈ;
53642	1247	ਦੁਬਿਧਾ ਚੂਕੀ ਸਹਜਿ ਸੁਭਾਇ॥		Dhubidhhaa Chookee Sehaj Subhaae ||	Duality is eradicated with intuitive ease.	ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਟਿਕੇ ਰਹਿਣ ਦੇ ਕਾਰਨ ਉਸ ਦਾ ਦੁਚਿੱਤਾ-ਪਨ ਦੂਰ ਹੋ ਜਾਂਦਾ ਹੈ,
53643	1247	ਅੰਤਰਿ ਨਾਮੁ ਵਸਿਆ ਮਨਿ ਆਇ॥		Anthar Naam Vasiaa Man Aae ||	The Naam comes to abide in her mind.	ਉਸ ਦੇ ਅੰਦਰ ਮਨ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ।
53644	1247	ਸੇ ਕੰਠਿ ਲਾਏ ਜਿ ਭੰਨਿ ਘੜਾਇ॥		Sae Kanth Laaeae J Bhann Gharraae ||	He hugs close in His Embrace those who shatter and reform their beings.	ਉਹਨਾਂ ਜੀਵਾਂ ਨੂੰ ਪ੍ਰਭੂ ਆਪਣੇ ਗਲ ਨਾਲ ਲਾਂਦਾ ਹੈ ਜੋ (ਆਪਣੇ ਮਨ ਦੇ ਪਹਿਲੇ ਸੁਭਾਉ ਨੂੰ) ਤੋੜ ਕੇ (ਨਵੇਂ ਸਿਰੇ) ਸੋਹਣਾ ਬਣਾਂਦੇ ਹਨ।
53645	1247	ਨਾਨਕ ਜੋ ਧੁਰਿ ਮਿਲੇ ਸੇ ਹੁਣਿ ਆਣਿ ਮਿਲਾਇ॥੧॥		Naanak Jo Dhhur Milae Sae Hun Aan Milaae ||1||	O Nanak, those who are predestined to meet Him, come and meet Him now. ||1||	ਹੇ ਨਾਨਕ! ਜਿਹੜੇ ਮਨੁੱਖ ਧੁਰੋਂ ਹੀ ਪ੍ਰਭੂ ਨਾਲ ਮਿਲੇ ਚਲੇ ਆ ਰਹੇ ਹਨ, ਉਹਨਾਂ ਨੂੰ ਇਸ ਜਨਮ ਵਿਚ ਭੀ ਲਿਆ ਕੇ ਆਪਣੇ ਵਿਚ ਮਿਲਾਈ ਰੱਖਦਾ ਹੈ ॥੧॥
53646	1247	ਮਃ ੩॥		Ma 3 ||	Third Mehl:	

53647	1247	ਜਿਨ੍ਹੀ ਨਾਮੁ ਵਿਸਾਰਿਆ ਕਿਆ ਜਪੁ ਜਾਪਹਿ ਹੋਰਿ॥		Jinhee Naam Visaariaa Kiaa Jap Jaapehi Hor ||	Those who forget the Naam, the Name of the Lord - so what if they chant other chants?	ਜਿਨ੍ਹਾਂ ਮਨੁੱਖਾਂ ਨੇ ਪ੍ਰਭੂ ਦਾ ਨਾਮ ਵਿਸਾਰਿਆ ਹੈ, ਕਿਸੇ ਹੋਰ ਰਸ ਵਿਚ ਪੈ ਕੇ ਜਪ, ਜਪਣ ਦਾ, ਉਹਨਾਂ ਨੂੰ ਕੋਈ ਲਾਭ ਨਹੀਂ ਹੋ ਸਕਦਾ,
53648	1247	ਬਿਸਟਾ ਅੰਦਰਿ ਕੀਟ ਸੇ ਮੁਠੇ ਧੰਧੈ ਚੋਰਿ॥		Bisattaa Andhar Keett Sae Muthae Dhhandhhai Chor ||	They are maggots in manure, plundered by the thief of worldly entanglements.	ਕਿਉਂਕਿ ਜਿਨ੍ਹਾਂ ਨੂੰ ਦੁਨੀਆ ਦੇ ਜੰਜਾਲ-ਰੂਪ ਚੋਰ ਨੇ ਠੱਗਿਆ ਹੋਇਆ ਹੈ ਉਹ (ਇਉਂ ਵਿਲ੍ਹੂੰ ਵਿਲ੍ਹੂੰ ਕਰਦੇ) ਹਨ ਜਿਵੇਂ ਵਿਸ਼ਟੇ ਵਿਚ ਕੀੜੇ।
53649	1247	ਨਾਨਕ ਨਾਮੁ ਨ ਵੀਸਰੈ ਝੂਠੇ ਲਾਲਚ ਹੋਰਿ ॥੨॥		Naanak Naam N Veesarai Jhoothae Laalach Hor ||2||	O Nanak, never forget the Naam; greed for anything else is false. ||2||	ਹੇ ਨਾਨਕ! (ਇਹੀ ਅਰਦਾਸ ਕਰ ਕਿ) ਪ੍ਰਭੂ ਦਾ ਨਾਮ ਨਾਹ ਭੁੱਲੇ, ਹੋਰ ਸਾਰੇ ਲਾਲਚ ਵਿਅਰਥ ਹਨ ॥੨॥
53650	1247	ਪਉੜੀ॥		Pourree ||	Pauree:	
53651	1247	ਨਾਮੁ ਸਲਾਹਨਿ ਨਾਮੁ ਮੰਨਿ ਅਸਥਿਰੁ ਜਗਿ ਸੋਈ॥		Naam Salaahan Naam Mann Asathhir Jag Soee ||	Those who praise the Naam, and believe in the Naam, are eternally stable in this world.	ਜਿਹੜੇ ਮਨੁੱਖ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਹਨ, ਪਰਮਾਤਮਾ ਦਾ ਨਾਮ (ਆਪਣੇ) ਮਨ ਵਿਚ (ਵਸਾਈ ਰੱਖਦੇ ਹਨ) ਉਹੀ ਜਗਤ ਵਿਚ ਅਟੱਲ ਆਤਮਕ ਜੀਵਨ ਵਾਲੇ ਬਣਦੇ ਹਨ।

53652	1247	ਹਿਰਦੈ ਹਰਿ ਹਰਿ ਚਿਤਵੈ ਦੂਜਾ ਨਹੀ ਕੋਈ ॥		Hiradhai Har Har Chithavai Dhoojaa Nehee Koee ||	Within their hearts, they dwell on the Lord, and nothing else at all.	ਗੁਰੂ ਦੇ ਸਨਮੁਖ ਰਹਿਣ ਵਾਲਾ ਜਿਹੜਾ ਮਨੁੱਖ (ਆਪਣੇ) ਹਿਰਦੇ ਵਿਚ ਹਰ ਵੇਲੇ ਪਰਮਾਤਮਾ ਨੂੰ ਯਾਦ ਕਰਦਾ ਹੈ (ਪਰਮਾਤਮਾ ਤੋਂ ਬਿਨਾ) ਕਿਸੇ ਹੋਰ ਨੂੰ (ਮਨ ਵਿਚ) ਨਹੀਂ ਵਸਾਂਦਾ,
53653	1247	ਰੋਮਿ ਰੋਮਿ ਹਰਿ ਉਚਰੈ ਖਿਨੁ ਖਿਨੁ ਹਰਿ ਸੋਈ॥		Rom Rom Har Oucharai Khin Khin Har Soee ||	With each and every hair, they chant the Lord's Name, each and every instant, the Lord.	ਜਿਹੜਾ ਮਨੁੱਖ ਰੋਮ ਰੋਮ ਪ੍ਰਭੂ ਨੂੰ ਯਾਦ ਕਰਦਾ ਹੈ ਹਰ ਖਿਨ ਉਸ ਪਰਮਾਤਮਾ ਨੂੰ ਹੀ ਯਾਦ ਕਰਦਾ ਰਹਿੰਦਾ ਹੈ,
53654	1247	ਗੁਰਮੁਖਿ ਜਨਮੁ ਸਕਾਰਥਾ ਨਿਰਮਲੁ ਮਲੁ ਖੋਈ॥		Guramukh Janam Sakaarathhaa Niramal Mal Khoee ||	The birth of the Gurmukh is fruitful and certified; pure and unstained, his filth is washed away.	ਉਸ ਦੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ, ਉਹ ਪਵਿੱਤਰ ਜੀਵਨ ਵਾਲਾ ਹੋ ਜਾਂਦਾ ਹੈ (ਉਹ ਮਨੁੱਖ ਆਪਣੇ ਅੰਦਰੋਂ ਵਿਕਾਰਾਂ ਦੀ ਮੈਲ) ਦੂਰ ਕਰ ਲੈਂਦਾ ਹੈ।
53655	1247	ਨਾਨਕ ਜੀਵਦਾ ਪੁਰਖੁ ਧਿਆਇਆ ਅਮਰਾਪਦੁ ਹੋਈ॥੨੫॥		Naanak Jeevadhaa Purakh Dhhiaaeiaa Amaraa Padh Hoee ||25||	O Nanak, meditating on the Lord of eternal life, the status of immortality is obtained. ||25||	ਹੇ ਨਾਨਕ! ਜਿਹੜਾ ਮਨੁੱਖ ਸਦਾ ਕਾਇਮ ਰਹਿਣ ਵਾਲੇ ਸਰਬ-ਵਿਆਪਕ ਪਰਮਾਤਮਾ ਨੂੰ ਯਾਦ ਕਰਦਾ ਰਹਿੰਦਾ ਹੈ ਉਸ ਨੂੰ ਅਟੱਲ ਆਤਮਕ ਜੀਵਨ ਵਾਲਾ ਦਰਜਾ ਮਿਲ ਜਾਂਦਾ ਹੈ (ਉਹ ਮਨੁੱਖ ਆਤਮਕ ਜੀਵਨ ਦੀ ਉਸ ਉੱਚਤਾ ਤੇ ਪਹੁੰਚ ਜਾਂਦਾ ਹੈ ਜਿਥੇ ਮਾਇਆ ਦੇ ਹੱਲੇ ਉਸ ਨੂੰ ਡੁਲਾ ਨਹੀਂ ਸਕਦੇ) ॥੨੫॥

53656	1247	ਸਲੋਕ ਮਃ੩॥		Salok Ma 3 ||	Shalok, Third Mehl:	
53657	1247	ਜਿਨੀ ਨਾਮੁ ਵਿਸਾਰਿਆ ਬਹੁ ਕਰਮ ਕਮਾਵਹਿ ਹੋਰਿ॥		Jinee Naam Visaariaa Bahu Karam Kamaavehi Hor ||	Those who forget the Naam and do other things,	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਭੁਲਾ ਦਿੱਤਾ ਹੈ ਅਤੇ ਹੋਰ ਹੋਰ ਕਈ ਕੰਮ ਕਰਦੇ ਹਨ,
53658	1247	ਨਾਨਕ ਜਮਪੁਰਿ ਬਧੇ ਮਾਰੀਅਹਿ ਜਿਉ ਸੰਨ੍ਹੀ ਉਪਰਿ ਚੋਰ॥੧॥		Naanak Jam Pur Badhhae Maareeahi Jio Sannhee Oupar Chor ||1||	O Nanak, will be bound and gagged and beaten in the City of Death, like the thief caught red-handed. ||1||	ਹੇ ਨਾਨਕ! ਉਹ ਮਨੁੱਖ ਜਮਰਾਜ ਦੇ ਸਾਹਮਣੇ ਬੱਝੇ ਹੋਏ ਇਉਂ ਮਾਰ ਖਾਂਦੇ ਹਨ ਜਿਵੇਂ ਸੰਨ੍ਹ ਉਤੋਂ ਫੜੇ ਹੋਏ ਚੋਰ ॥੧॥
53659	1247	ਮਃ ੫॥		Ma 5 ||	Fifth Mehl:	
53660	1247	ਧਰਤਿ ਸੁਹਾਵੜੀ ਆਕਾਸੁ ਸੁਹੰਦਾ ਜਪੰਦਿਆ ਹਰਿ ਨਾਉ॥		Dhharath Suhaavarree Aakaas Suhandhaa Japandhiaa Har Naao ||	The earth is beauteous, and the sky is lovely, chanting the Name of the Lord.	ਪਰਮਾਤਮਾ ਦਾ ਨਾਮ ਸਿਮਰਨ ਵਾਲੇ ਬੰਦਿਆਂ ਨੂੰ ਧਰਤੀ ਅਤੇ ਆਕਾਸ਼ ਸੁਹਾਵੇ ਲੱਗਦੇ ਹਨ (ਕਿਉਂਕਿ ਉਹਨਾਂ ਦੇ ਅੰਦਰ ਠੰਢ ਵਰਤੀ ਰਹਿੰਦੀ ਹੈ);

53661	1247	ਨਾਨਕ ਨਾਮ ਵਿਹੂਣਿਆ ਤਿਨ੍ ਤਨ ਖਾਵਹਿ ਕਾਉ॥੨॥		Naanak Naam Vihooniaa Thinh Than Khaavehi Kaao ||2||	O Nanak, those who lack the Naam - their carcasses are eaten by the crows. ||2||	ਪਰ, ਹੇ ਨਾਨਕ! ਜਿਹੜੇ ਮਨੁੱਖ ਨਾਮ ਤੋਂ ਸੱਖਣੇ ਹਨ, ਉਹਨਾਂ ਦੇ ਸਰੀਰ ਨੂੰ ਵਿਸ਼ੇ-ਵਿਕਾਰ ਕਾਂ ਹੀ ਖਾਂਦੇ ਰਹਿੰਦੇ ਹਨ (ਤੇ, ਉਹਨਾਂ ਦੇ ਅੰਦਰ ਵਿਸ਼ੇ-ਰੋਗ ਹੋਣ ਕਰਕੇ ਉਹਨਾਂ ਨੂੰ ਪ੍ਰਭੂ ਦੀ ਕੁਦਰਤਿ ਵਿਚ ਕੋਈ ਸੁੰਦਰਤਾ ਸੁਹਾਵਣੀ ਨਹੀਂ ਲੱਗਦੀ) ॥੨॥
53662	1247	ਪਉੜੀ॥		Pourree ||	Pauree:	
53663	1247	ਨਾਮੁ ਸਲਾਹਨਿ ਭਾਉ ਕਰਿ ਨਿਜ ਮਹਲੀ ਵਾਸਾ॥		Naam Salaahan Bhaao Kar Nij Mehalee Vaasaa ||	Those who lovingly praise the Naam, and dwell in the mansion of the self deep within,	ਜਿਹੜੇ ਮਨੁੱਖ ਪ੍ਰੇਮ ਨਾਲ ਪਰਮਾਤਮਾ ਦਾ ਨਾਮ ਸਿਮਰਦੇ ਹਨ ਉਹ ਨਿਰੋਲ ਆਪਣੇ (ਹਿਰਦੇ-ਰੂਪ, ਪ੍ਰਭੂ ਦੀ ਹਜ਼ੂਰੀ-ਰੂਪ) ਮਹਲ ਵਿਚ ਟਿਕੇ ਰਹਿੰਦੇ ਹਨ;
53664	1247	ਓਇ ਬਾਹੁੜਿ ਜੋਨਿ ਨ ਆਵਨੀ ਫਿਰਿ ਹੋਹਿ ਨ ਬਿਨਾਸਾ॥		Oue Baahurr Jon N Aavanee Fir Hohi N Binaasaa ||	Do not enter into reincarnation ever again; they shall never be destroyed.	ਉਹ ਬੰਦੇ ਮੁੜ ਮੁੜ ਨਾਹ ਜੂਨਾਂ ਵਿਚ ਆਉਂਦੇ ਹਨ ਨਾਹ ਮਰਦੇ ਹਨ;
53665	1247	ਹਰਿ ਸੇਤੀ ਰੰਗਿ ਰਵਿ ਰਹੇ ਸਭ ਸਾਸ ਗਿਰਾਸਾ॥		Har Saethee Rang Rav Rehae Sabh Saas Giraasaa ||	They remain immersed and absorbed in the love of the Lord, with every breath and morsel of food.	ਸੁਆਸ ਸੁਆਸ, ਖਾਂਦਿਆਂ ਖਾਂਦਿਆਂ (ਹਰ ਵੇਲੇ) ਉਹ ਪ੍ਰੇਮ ਨਾਲ ਪ੍ਰਭੂ ਵਿਚ ਰਚੇ-ਮਿਚੇ ਰਹਿੰਦੇ ਹਨ;

53666	1247	ਹਰਿ ਕਾ ਰੰਗੁ ਕਦੇ ਨ ਉਤਰੈ ਗੁਰਮੁਖਿ ਪਰਗਾਸਾ॥		Har Kaa Rang Kadhae N Outharai Guramukh Paragaasaa ||	The color of the Lord's Love never fades away; the Gurmukhs are enlightened.	ਉਹਨਾਂ ਗੁਰਮੁਖਾਂ ਦੇ ਅੰਦਰ ਹਰਿ-ਨਾਮ ਦਾ ਚਾਨਣ ਹੋ ਜਾਂਦਾ ਹੈ, ਹਰਿ-ਨਾਮ ਦਾ ਰੰਗ ਕਦੇ (ਉਹਨਾਂ ਦੇ ਮਨ ਤੋਂ) ਉਤਰਦਾ ਨਹੀਂ ਹੈ।
53667	1247	ਓਇ ਕਿਰਪਾ ਕਰਿ ਕੈ ਮੇਲਿਅਨੁ ਨਾਨਕ ਹਰਿ ਪਾਸਾ॥੨੬॥	ਪਾਸਾ: ਪੋਲਾ ਬੋਲੋ	Oue Kirapaa Kar Kai Maelian Naanak Har Paasaa ||26||	Granting His Grace, He unites them with Himself; O Nanak, the Lord keeps them by His side. ||26||	ਹੇ ਨਾਨਕ! ਪ੍ਰਭੂ ਨੇ ਆਪਣੀ ਮਿਹਰ ਕਰ ਕੇ ਉਹਨਾਂ ਨੂੰ ਆਪਣੇ ਨਾਲ ਮਿਲਾ ਲਿਆ ਹੁੰਦਾ ਹੈ, ਉਹ ਸਦਾ ਪ੍ਰਭੂ ਦੇ ਨੇੜੇ ਵੱਸਦੇ ਹਨ ॥੨੬॥
53668	1247	ਸਲੋਕ ਮਃ ੩॥	ਅਹੰ-ਕਾਰੁ	Salok Ma 3 ||	Shalok, Third Mehl:	
53669	1247	ਜਿਚਰੁ ਇਹੁ ਮਨੁ ਲਹਰੀ ਵਿਚਿ ਹੈ ਹਉਮੈ ਬਹੁਤੁ ਅਹੰਕਾਰੁ॥		Jichar Eihu Man Leharee Vich Hai Houmai Bahuth Ahankaar ||	As long as his mind is disturbed by waves, he is caught in ego and egotistical pride.	ਜਿਤਨਾ ਚਿਰ ਮਨੁੱਖ ਦਾ ਇਹ ਮਨ (ਮਾਇਆ ਦੀਆਂ) ਲਹਿਰਾਂ ਵਿਚ (ਡੋਲਦਾ ਰਹਿੰਦਾ ਹੈ) ਉਤਨਾ ਚਿਰ ਇਸ ਦੇ ਅੰਦਰ ਬਹੁਤ ਹਉਮੈ ਹੈ ਬੜਾ ਅਹੰਕਾਰ ਹੁੰਦਾ ਹੈ;
53670	1247	ਸਬਦੈ ਸਾਦੁ ਨ ਆਵਈ ਨਾਮਿ ਨ ਲਗੈ ਪਿਆਰੁ॥		Sabadhai Saadh N Aavee Naam N Lagai Piaar ||	He does not find the taste of the Shabad, and he does not embrace love for the Name.	ਇਸ ਨੂੰ ਸਤਿਗੁਰੂ ਦੇ ਸ਼ਬਦ ਦਾ ਰਸ ਨਹੀਂ ਆਉਂਦਾ, ਪ੍ਰਭੂ ਦੇ ਨਾਮ ਵਿਚ ਇਸ ਦਾ ਪਿਆਰ ਨਹੀਂ ਬਣਦਾ,

53671	1247	ਸੇਵਾ ਥਾਇ ਨ ਪਵਈ ਤਿਸ ਕੀ ਖਪਿ ਖਪਿ ਹੋਇ ਖੁਆਰੁ॥		Saevaa Thhaae N Pavee This Kee Khap Khap Hoe Khuaar ||	His service is not accepted; worrying and worrying, he wastes away in misery.	ਇਸ ਦੀ ਕੀਤੀ ਹੋਈ ਸੇਵਾ ਕਬੂਲ ਨਹੀਂ ਹੁੰਦੀ (ਅਤੇ ਹਉਮੈ ਦੇ ਕਾਰਨ) ਖਿੱਝ ਖਿੱਝ ਕੇ ਦੁਖੀ ਹੁੰਦਾ ਰਹਿੰਦਾ ਹੈ।
53672	1247	ਨਾਨਕ ਸੇਵਕੁ ਸੋਈ ਆਖੀਐ ਜੋ ਸਿਰੁ ਧਰੇ ਉਤਾਰਿ॥		Naanak Saevak Soee Aakheeai Jo Sir Dhharae Outhaar ||	O Nanak, he alone is called a selfless servant, who cuts off his head, and offers it to the Lord.	ਹੇ ਨਾਨਕ! ਉਹੀ ਮਨੁੱਖ ਅਸਲੀ ਸੇਵਕ ਅਖਵਾਂਦਾ ਹੈ ਜੋ ਆਪਣੀ ਚਤੁਰਾਈ ਚਲਾਕੀ ਛੱਡ ਦੇਂਦਾ ਹੈ,
53673	1247	ਸਤਿਗੁਰ ਕਾ ਭਾਣਾ ਮੰਨਿ ਲਏ ਸਬਦੁ ਰਖੈ ਉਰ ਧਾਰਿ॥੧॥		Sathigur Kaa Bhaanaa Mann Leae Sabadh Rakhai Our Dhhaar ||1||	He accepts the Will of the True Guru, and enshrines the Shabad within his heart. ||1||	ਸਤਿਗੁਰੂ ਦਾ ਭਾਣਾ ਕਬੂਲ ਕਰਦਾ ਹੈ ਅਤੇ ਗੁਰੂ ਦੇ ਸ਼ਬਦ ਨੂੰ ਹਿਰਦੇ ਵਿਚ ਪ੍ਰੋ ਰੱਖਦਾ ਹੈ ॥੧॥
53674	1247	ਮਃ ੩॥		Ma 3 ||	Third Mehl:	
53675	1247	ਸੋ ਜਪੁ ਤਪੁ ਸੇਵਾ ਚਾਕਰੀ ਜੋ ਖਸਮੈ ਭਾਵੈ॥		So Jap Thap Saevaa Chaakaree Jo Khasamai Bhaavai ||	That is chanting and meditation, work and selfless service, which is pleasing to our Lord and Master.	ਜਿਹੜੀ ਕਾਰ ਮਾਲਕ-ਪ੍ਰਭੂ ਨੂੰ ਪਸੰਦ ਆ ਜਾਏ, ਉਹੀ ਕਾਰ ਸੇਵਕ ਦਾ ਜਪ ਹੈ ਤਪ ਹੈ ਤੇ ਸੇਵਾ ਚਾਕਰੀ ਹੈ;
53676	1247	ਆਪੇ ਬਖਸੇ ਮੇਲਿ ਲਏ ਆਪਤੁ ਗਵਾਵੈ॥	(ਆਪ-ਤੁ) ਅਪਣੱਤ, ਆਪਾ	Aapae Bakhasae Mael Leae Aapath Gavaavai ||	The Lord Himself forgives, and takes away self-conceit, and unites the mortals with Himself.	ਜਿਹੜਾ ਮਨੁੱਖ ਆਪਾ-ਭਾਵ ਮਿਟਾਂਦਾ ਹੈ ਉਸ ਨੂੰ ਪ੍ਰਭੂ ਆਪ ਹੀ ਮਿਹਰ ਕਰ ਕੇ (ਆਪਣੇ ਨਾਲ) ਮਿਲਾ ਲੈਂਦਾ ਹੈ,

53677	1247	ਮਿਲਿਆ ਕਦੇ ਨ ਵੀਛੁੜੈ ਜੋਤੀ ਜੋਤਿ ਮਿਲਾਵੈ॥		Miliaa Kadhae N Veeshhurrai Jothee Joth Milaavai ||	United with the Lord, the mortal is never separated again; his light merges into the Light.	ਤੇ (ਪ੍ਰਭੂ-ਚਰਨਾਂ ਵਿਚ) ਮਿਲਿਆ ਹੋਇਆ ਅਜਿਹਾ ਬੰਦਾ ਮੁੜ ਕਦੇ ਵਿਛੁੜਦਾ ਨਹੀਂ ਹੈ ਉਸ ਦੀ ਆਤਮਾ ਪ੍ਰਭੂ ਦੀ ਆਤਮਾ ਨਾਲ ਇਕ-ਮਿਕ ਹੋ ਜਾਂਦੀ ਹੈ।
53678	1247	ਨਾਨਕ ਗੁਰ ਪਰਸਾਦੀ ਸੋ ਬੁਝਸੀ ਜਿਸੁ ਆਪਿ ਬੁਝਾਵੈ॥੨॥	ਬੁੱਝਸੀ	Naanak Gur Parasaadhee So Bujhasee Jis Aap Bujhaavai ||2||	O Nanak, by Guru's Grace, the mortal understands, when the Lord allows him to understand. ||2||	ਹੇ ਨਾਨਕ! (ਇਸ ਭੇਤ ਨੂੰ) ਗੁਰੂ ਦੀ ਕਿਰਪਾ ਨਾਲ ਉਹੀ ਮਨੁੱਖ ਸਮਝਦਾ ਹੈ ਜਿਸ ਨੂੰ ਪ੍ਰਭੂ ਆਪ ਸਮਝ ਬਖ਼ਸ਼ਦਾ ਹੈ ॥੨॥
53679	1247	ਪਉੜੀ॥		Pourree ||	Pauree:	
53680	1247	ਸਭੁ ਕੋ ਲੇਖੇ ਵਿਚਿ ਹੈ ਮਨਮੁਖੁ ਅਹੰਕਾਰੀ॥		Sabh Ko Laekhae Vich Hai Manamukh Ahankaaree ||	All are held accountable, even the egotistical self-willed manmukhs.	ਹਰੇਕ ਜੀਵ (ਨੂੰ ਉਸ) ਮਰਯਾਦਾ ਦੇ ਅੰਦਰਿ (ਤੁਰਨਾ ਪੈਂਦਾ ਹੈ ਜੋ ਪ੍ਰਭੂ ਨੇ ਜੀਵਨ-ਜੁਗਤਿ ਲਈ ਮਿਥੀ ਹੋਈ) ਹੈ, ਪਰ ਮਨ ਦਾ ਮੁਰੀਦ ਮਨੁੱਖ ਅਹੰਕਾਰ ਕਰਦਾ ਹੈ (ਭਾਵ, ਉਸ ਮਰਯਾਦਾ ਤੋਂ ਆਕੀ ਹੋਣ ਦਾ ਜਤਨ ਕਰਦਾ ਹੈ),
53681	1247	ਹਰਿ ਨਾਮੁ ਕਦੇ ਨ ਚੇਤਈ ਜਮਕਾਲੁ ਸਿਰਿ ਮਾਰੀ॥		Har Naam Kadhae N Chaethee Jamakaal Sir Maaree ||	They never even think of the Name of the Lord; the Messenger of Death shall hit them on their heads.	ਕਦੇ ਪ੍ਰਭੂ ਦਾ ਨਾਮ ਨਹੀਂ ਸਿਮਰਦਾ (ਜਿਸ ਕਰਕੇ) ਜਮਕਾਲ (ਉਸ ਦੇ) ਸਿਰ ਉਤੇ (ਚੋਟ) ਮਾਰਦਾ ਹੈ (ਭਾਵ, ਉਹ ਸਦਾ ਆਤਮਕ ਮੌਤ ਸਹੇੜੀ ਰੱਖਦਾ ਹੈ)।

53682	1248	ਪਾਪ ਬਿਕਾਰ ਮਨੂਰ ਸਭਿ ਲਦੇ ਬਹੁ ਭਾਰੀ॥	ਲੱਦੇ	Paap Bikaar Manoor Sabh Ladhae Bahu Bhaaree ||	Their sin and corruption are like rusty slag; they carry such a heavy load.	ਪਾਪਾਂ ਤੇ ਮੰਦੇ ਕਰਮਾਂ ਦੇ ਵਿਅਰਥ ਤੇ ਬੋਝਲ ਭਾਰ ਨਾਲ ਲੱਦੇ ਹੋਏ ਜੀਵਾਂ ਲਈ-
53683	1248	ਮਾਰਗੁ ਬਿਖਮੁ ਡਰਾਵਣਾ ਕਿਉ ਤਰੀਐ ਤਾਰੀ॥		Maarag Bikham Ddaraavanaa Kio Thareeai Thaaree ||	The path is treacherous and terrifying; how can they cross over to the other side?	ਜ਼ਿੰਦਗੀ ਦਾ ਰਸਤਾ ਬੜਾ ਔਖਾ ਤੇ ਡਰਾਉਣਾ ਹੋ ਜਾਂਦਾ ਹੈ (ਇਸ ਸੰਸਾਰ-ਸਮੁੰਦਰ ਵਿਚੋਂ) ਉਹਨਾਂ ਪਾਸੋਂ ਤਰਿਆ ਨਹੀਂ ਜਾ ਸਕਦਾ।
53684	1248	ਨਾਨਕ ਗੁਰਿ ਰਾਖੇ ਸੇ ਉਬਰੇ ਹਰਿ ਨਾਮਿ ਉਧਾਰੀ॥੨੭॥		Naanak Gur Raakhae Sae Oubarae Har Naam Oudhhaaree ||27||	O Nanak, those whom the Guru protects are saved. They are saved in the Name of the Lord. ||27||	ਹੇ ਨਾਨਕ! ਜਿਨ੍ਹਾਂ ਦੀ ਸਹੈਤਾ ਗੁਰੂ ਨੇ ਕੀਤੀ ਹੈ ਉਹ ਬਚ ਨਿਕਲਦੇ ਹਨ, ਪ੍ਰਭੂ ਦੇ ਨਾਮ ਨੇ ਉਹਨਾਂ ਨੂੰ ਬਚਾ ਲਿਆ ਹੁੰਦਾ ਹੈ ॥੨੭॥
53685	1248	ਸਲੋਕ ਮਃ ੩॥		Salok Ma 3 ||	Shalok, Third Mehl:	
53686	1248	ਵਿਣੁ ਸਤਿਗੁਰ ਸੇਵੇ ਸੁਖੁ ਨਹੀ ਮਰਿ ਜੰਮਹਿ ਵਾਰੋ ਵਾਰ॥		Vin Sathigur Saevae Sukh Nehee Mar Janmehi Vaaro Vaar ||	Without serving the True Guru, no one finds peace; mortals die and are reborn, over and over again.	ਸਤਿਗੁਰੂ ਦੇ ਦੱਸੇ ਰਾਹ ਉਤੇ ਤੁਰਨ ਤੋਂ ਬਿਨਾ ਸੁਖ ਨਹੀਂ ਮਿਲਦਾ (ਗੁਰੂ ਤੋਂ ਖੁੰਝੇ ਹੋਏ ਜੀਵ) ਮੁੜ ਮੁੜ ਜੰਮਦੇ ਮਰਦੇ ਹਨ,
53687	1248	ਮੋਹ ਠਗਉਲੀ ਪਾਈਅਨੁ ਬਹੁ ਦੂਜੈ ਭਾਇ ਵਿਕਾਰ॥	ਠ-ਗਉਲੀ	Moh Thagoulee Paaeean Bahu Dhoojai Bhaae Vikaar ||	They have been given the drug of emotional attachment; in love with duality, they are totally corrupt.	ਮੋਹ ਦੀ ਠਗ-ਬੂਟੀ ਉਸ ਪ੍ਰਭੂ ਨੇ (ਐਸੀ) ਪਾਈ ਹੈ ਕਿ (ਰੱਬ ਵਲੋਂ ਬੇ-ਸੁਰਤ ਹੋ ਕੇ) ਮਾਇਆ ਦੇ ਪਿਆਰ ਵਿਚ (ਫਸ ਕੇ) ਬਥੇਰੇ ਮੰਦੇ ਕਰਮ ਕਰਦੇ ਹਨ,

53688	1248	ਇਕਿ ਗੁਰ ਪਰਸਾਦੀ ਉਬਰੇ ਤਿਸੁ ਜਨ ਕਉ ਕਰਹਿ ਸਭਿ ਨਮਸਕਾਰ॥		Eik Gur Parasaadhee Oubarae This Jan Ko Karehi Sabh Namasakaar ||	Some are saved, by Guru's Grace. Everyone humbly bows before such humble beings.	ਪਰ ਕਈ (ਭਾਗਾਂ ਵਾਲੇ ਬੰਦੇ) ਸਤਿਗੁਰੂ ਦੀ ਕਿਰਪਾ ਨਾਲ (ਇਸ ਠਗ-ਬੂਟੀ ਤੋਂ) ਬਚ ਜਾਂਦੇ ਹਨ, (ਜੋ ਜੋ ਬਚਦਾ ਹੈ) ਉਸ ਨੂੰ ਸਾਰੇ ਲੋਕ ਸਿਰ ਨਿਵਾਂਦੇ ਹਨ।
53689	1248	ਨਾਨਕ ਅਨ ਦਿਨੁ ਨਾਮੁ ਧਿਆਇ ਤੂ ਅੰਤਰਿ ਜਿਤੁ ਪਾਵਹਿ ਮੋਖ ਦੁਆਰ॥੧॥	(ਦੂਜਾ ਪਾਠ: ਮੋਖਦੁਆਰ)	Naanak Anadhin Naam Dhhiaae Thoo Anthar Jith Paavehi Mokh Dhuaar ||1||	O Nanak, meditate on the Naam, deep within yourself, day and night. You shall find the Door of Salvation. ||1||	ਹੇ ਨਾਨਕ! ਤੂੰ ਭੀ ਹਰ ਰੋਜ਼ (ਆਪਣੇ) ਹਿਰਦੇ ਵਿਚ ਪ੍ਰਭੂ ਦਾ ਨਾਮ ਸਿਮਰ, ਜਿਸ (ਸਿਮਰਨ ਦੀ) ਬਰਕਤਿ ਨਾਲ ਤੂੰ (ਇਸ 'ਮੋਹ-ਠਗਉਲੀ' ਤੋਂ) ਬਚਣ ਦਾ ਵਸੀਲਾ ਹਾਸਲ ਕਰ ਲਏਂਗਾ ॥੧॥
53690	1248	ਮਃ ੩॥		Ma 3 ||	Third Mehl:	
53691	1248	ਮਾਇਆ ਮੋਹਿ ਵਿਸਾਰਿਆ ਸਚੁ ਮਰਣਾ ਹਰਿ ਨਾਮੁ॥		Maaeiaa Mohi Visaariaa Sach Maranaa Har Naam ||	Emotionally attached to Maya, the mortal forgets truth, death and the Name of the Lord.	ਮੌਤ ਅਟੱਲ ਹੈ, ਪ੍ਰਭੂ ਦਾ ਨਾਮ ਸਦਾ-ਥਿਰ ਰਹਿਣ ਵਾਲਾ ਹੈ- ਪਰ, ਇਹ ਗੱਲ ਜਿਸ ਮਨੁੱਖ ਨੇ ਮਾਇਆ ਦੇ ਮੋਹ ਵਿਚ (ਫਸ ਕੇ) ਭੁਲਾ ਦਿੱਤੀ ਹੈ।
53692	1248	ਧੰਧਾ ਕਰਤਿਆ ਜਨਮੁ ਗਇਆ ਅੰਦਰਿ ਦੁਖੁ ਸਹਾਮੁ॥		Dhhandhhaa Karathiaa Janam Gaeiaa Andhar Dhukh Sehaam ||	Engaged in worldly affairs, his life wastes away; deep within himself, he suffers in pain.	ਉਸ ਦਾ ਸਾਰਾ ਜੀਵਨ ਮਾਇਆ ਦੇ ਧੰਧੇ ਕਰਦਿਆਂ ਹੀ ਗੁਜ਼ਰ ਜਾਂਦਾ ਹੈ ਤੇ ਉਹ ਆਪਣੇ ਮਨ ਵਿਚ ਦੁੱਖ ਸਹਿੰਦਾ ਹੈ।

53693	1248	ਨਾਨਕ ਸਤਿਗੁਰੁ ਸੇਵਿ ਸੁਖੁ ਪਾਇਆ ਜਿਨ੍ ਪੂਰਬਿ ਲਿਖਿਆ ਕਰਾਮੁ॥੨॥		Naanak Sathigur Saev Sukh Paaeiaa Jinh Poorab Likhiaa Karaam ||2||	O Nanak, those who have the karma of such pre-ordained destiny, serve the True Guru and find peace. ||2||	ਹੇ ਨਾਨਕ! ਮੁੱਢ ਤੋਂ ਜਿਨ੍ਹਾਂ ਦੇ ਮੱਥੇ ਉਤੇ (ਗੁਰ-ਸੇਵਾ ਦਾ ਲੇਖ) ਲਿਖਿਆ ਹੋਇਆ ਹੈ ਉਹਨਾਂ ਨੇ ਗੁਰੂ ਦੇ ਹੁਕਮ ਵਿਚ ਤੁਰ ਕੇ ਆਤਮਕ ਆਨੰਦ ਮਾਣਿਆ ਹੈ ॥੨॥
53694	1248	ਪਉੜੀ॥		Pourree ||	Pauree:	
53695	1248	ਲੇਖਾ ਪੜੀਐ ਹਰਿ ਨਾਮੁ ਫਿਰਿ ਲੇਖੁ ਨ ਹੋਈ॥		Laekhaa Parreeai Har Naam Fir Laekh N Hoee ||	Read the account of the Name of the Lord, and you shall never again be called to account.	ਜੇ ਹਰਿ-ਨਾਮ (ਸਿਮਰਨ-ਰੂਪ) ਲੇਖਾ ਪੜ੍ਹੀਏ ਤਾਂ ਫਿਰ ਵਿਕਾਰ ਆਦਿਕਾਂ ਦੇ ਸੰਸਕਾਰਾਂ ਦਾ ਚਿੱਤ੍ਰ ਮਨ ਵਿਚ ਨਹੀਂ ਬਣਦਾ;
53696	1248	ਪੁਛਿ ਨ ਸਕੈ ਕੋਇ ਹਰਿ ਦਰਿ ਸਦ ਢੋਈ॥		Pushh N Sakai Koe Har Dhar Sadh Dtoee ||	No one will question you, and you will always be safe in the Court of the Lord.	ਪ੍ਰਭੂ ਦੀ ਹਜ਼ੂਰੀ ਵਿਚ ਸਦਾ ਪਹੁੰਚ ਬਣੀ ਰਹਿੰਦੀ ਹੈ, ਕਿਸੇ ਵਿਕਾਰ ਬਾਰੇ ਕੋਈ ਪੁੱਛ ਨਹੀਂ ਕਰ ਸਕਦਾ (ਭਾਵ ਕੋਈ ਭੀ ਐਸਾ ਮੰਦਾ ਕਰਮ ਨਹੀਂ ਕੀਤਾ ਹੁੰਦਾ ਜਿਸ ਬਾਰੇ ਕੋਈ ਉਂਗਲ ਕਰ ਸਕੇ);
53697	1248	ਜਮਕਾਲੁ ਮਿਲੈ ਦੇ ਭੇਟ ਸੇਵਕੁ ਨਿਤ ਹੋਈ॥		Jamakaal Milai Dhae Bhaett Saevak Nith Hoee ||	The Messenger of Death will meet you, and be your constant servant.	ਜਮ ਕਾਲ (ਚੋਟ ਕਰਨ ਦੇ ਥਾਂ) ਆਦਰ-ਸਤਕਾਰ ਕਰਦਾ ਹੈ ਤੇ ਸਦਾ ਲਈ ਸੇਵਕ ਬਣ ਜਾਂਦਾ ਹੈ।

53698	1248	ਪੂਰੇ ਗੁਰ ਤੇ ਮਹਲੁ ਪਾਇਆ ਪਤਿ ਪਰਗਟੁ ਲੋਈ॥		Poorae Gur Thae Mehal Paaeiaa Path Paragatt Loee ||	Through the Perfect Guru, you shall find the Mansion of the Lord's Presence. You shall be famous throughout the world.	ਪਰ ਇਹ ਮੇਲ ਵਾਲੀ ਅਵਸਥਾ ਪੂਰੇ ਗੁਰੂ ਤੋਂ ਹਾਸਲ ਹੁੰਦੀ ਹੈ ਤੇ ਜਗਤ ਵਿਚ ਇੱਜ਼ਤ ਉੱਘੀ ਹੋ ਜਾਂਦੀ ਹੈ।
53699	1248	ਨਾਨਕ ਅਨਹਦ ਧੁਨੀ ਦਰਿ ਵਜਦੇ ਮਿਲਿਆ ਹਰਿ ਸੋਈ॥੨੮॥		Naanak Anehadh Dhhunee Dhar Vajadhae Miliaa Har Soee ||28||	O Nanak, the unstruck celestial melody vibrates at your door; come and merge with the Lord. ||28||	ਹੇ ਨਾਨਕ! ਜਦੋਂ ਉਹ ਪ੍ਰਭੂ ਮਿਲ ਪੈਂਦਾ ਹੈ, ਉਸ ਦੀ ਹਜ਼ੂਰੀ ਵਿਚ (ਟਿਕੇ ਰਿਹਾਂ, ਅੰਦਰ, ਮਾਨੇ) ਇਕ-ਰਸ ਸੁਰ ਵਾਲੇ ਵਾਜੇ ਵੱਜਣ ਲੱਗ ਪੈਂਦੇ ਹਨ ॥੨੮॥
53700	1248	ਸਲੋਕ ਮਃ ੩॥		Salok Ma 3 ||	Shalok, Third Mehl:	
53701	1248	ਗੁਰ ਕਾ ਕਹਿਆ ਜੇ ਕਰੇ ਸੁਖੀ ਹੂ ਸੁਖੁ ਸਾਰੁ॥		Gur Kaa Kehiaa Jae Karae Sukhee Hoo Sukh Saar ||	Whoever follows the Guru's Teachings, attains the most sublime peace of all peace.	ਜੇ ਮਨੁੱਖ ਸਤਿਗੁਰੂ ਦੇ ਦੱਸੇ ਹੁਕਮ ਦੀ ਪਾਲਣਾ ਕਰੇ ਤਾਂ ਸੁਖਾਂ ਵਿਚੋਂ ਚੋਣਵਾਂ ਸ੍ਰੇਸ਼ਟ ਸੁਖ ਮਿਲਦਾ ਹੈ।
53702	1248	ਗੁਰ ਕੀ ਕਰਣੀ ਭਉ ਕਟੀਐ ਨਾਨਕ ਪਾਵਹਿ ਪਾਰੁ॥੧॥		Gur Kee Karanee Bho Katteeai Naanak Paavehi Paar ||1||	Acting in accordance with the Guru, his fear is cut away; O Nanak, he is carried across. ||1||	ਸਤਿਗੁਰੂ ਦੀ ਦੱਸੀ ਹੋਈ ਕਾਰ ਕੀਤਿਆਂ ਡਰ ਦੂਰ ਹੋ ਜਾਂਦਾ ਹੈ, ਹੇ ਨਾਨਕ! (ਜੇ ਤੂੰ ਗੁਰੂ ਵਾਲੀ 'ਕਰਣੀ' ਕਰੇਂਗਾ ਤਾਂ) ਤੂੰ ('ਭਉ' ਦਾ) ਪਾਰਲਾ ਕੰਢਾ ਲੱਭ ਲਏਂਗਾ (ਭਾਵ, 'ਭਉ'-ਸਾਗਰ ਤੋਂ ਪਾਰ ਲੰਘ ਜਾਹਿਂਗਾ) ॥੧॥
53703	1248	ਮਃ ੩॥		Ma 3 ||	Third Mehl:	

53704	1248	ਸਚੁ ਪੁਰਾਣਾ ਨਾ ਥੀਐ ਨਾਮੁ ਨ ਮੈਲਾ ਹੋਇ॥		Sach Puraanaa Naa Thheeai Naam N Mailaa Hoe ||	The True Lord does not grow old; His Naam is never dirtied.	(ਜੇ ਮਨੁੱਖ ਸਦਾ-ਥਿਰ ਪਰਮਾਤਮਾ ਨਾਲ ਪਿਆਰ ਪਾ ਲਏ ਤਾਂ) ਪਰਮਾਤਮਾ ਨਾਲ ਬਣਿਆ ਉਹ ਪਿਆਰ ਕਦੇ ਕਮਜ਼ੋਰ ਨਹੀਂ ਹੁੰਦਾ। (ਜਿਸ ਹਿਰਦੇ ਵਿਚ) ਪਰਮਾਤਮਾ ਦਾ ਨਾਮ (ਵੱਸਦਾ ਹੈ, ਉਹ ਹਿਰਦਾ ਕਦੇ) ਵਿਕਾਰਾਂ ਨਾਲ ਗੰਦਾ ਨਹੀਂ ਹੁੰਦਾ।
53705	1248	ਗੁਰ ਕੈ ਭਾਣੈ ਜੇ ਚਲੈ ਬਹੁੜਿ ਨ ਆਵਣੁ ਹੋਇ॥		Gur Kai Bhaanai Jae Chalai Bahurr N Aavan Hoe ||	Whoever walks in harmony with the Guru's Will, shall not be reborn again.	ਜੇ ਮਨੁੱਖ ਗੁਰੂ ਦੀ ਰਜ਼ਾ ਵਿਚ ਤੁਰੇ ਤਾਂ ਮੁੜ ਉਸ ਨੂੰ ਜਨਮ (ਮਰਨ ਦਾ ਗੇੜ) ਨਹੀਂ ਹੁੰਦਾ।
53706	1248	ਨਾਨਕ ਨਾਮਿ ਵਿਸਾਰਿਐ ਆਵਣ ਜਾਣਾ ਦੋਇ॥੨॥		Naanak Naam Visaariai Aavan Jaanaa Dhoe ||2||	O Nanak, those who forget the Naam, come and go in reincarnation. ||2||	ਹੇ ਨਾਨਕ! ਜੇ ਨਾਮ ਵਿਸਾਰ ਦੇਈਏ ਤਾਂ ਜਨਮ ਮਰਨ ਦੋਵੇਂ ਬਣੇ ਰਹਿੰਦੇ ਹਨ (ਭਾਵ, ਜਨਮ ਮਰਨ ਦੇ ਗੇੜ ਵਿਚ ਪਏ ਰਹੀਦਾ ਹੈ) ॥੨॥
53707	1248	ਪਉੜੀ॥		Pourree ||	Pauree:	
53708	1248	ਮੰਗਤ ਜਨੁ ਜਾਚੈ ਦਾਨੁ ਹਰਿ ਦੇਹੁ ਸੁਭਾਇ॥		Mangath Jan Jaachai Dhaan Har Dhaehu Subhaae ||	I am a beggar; I ask this blessing of You: O Lord, please embellish me with Your Love.	ਹੇ ਪ੍ਰਭੂ! ਮੈਂ ਮੰਗਤਾ ਇਕ ਖ਼ੈਰ ਮੰਗਦਾ ਹਾਂ, ਆਪਣੇ ਹੱਥ ਨਾਲ (ਉਹ ਖ਼ੈਰ) ਮੈਨੂੰ ਪਾ;

53709	1248	ਹਰਿ ਦਰਸਨ ਕੀ ਪਿਆਸ ਹੈ ਦਰਸਨਿ ਤ੍ਰਿਪਤਾਇ॥		Har Dharasan Kee Piaas Hai Dharasan Thripathaae ||	I am so thirsty for the Blessed Vision of the Lord's Darshan; His Darshan brings me satisfaction.	ਮੈਨੂੰ, ਹੇ ਹਰੀ! ਤੇਰੇ ਦੀਦਾਰ ਦੀ ਪਿਆਸ ਹੈ, ਦੀਦਾਰ ਨਾਲ ਹੀ (ਮੇਰੇ ਅੰਦਰ) ਠੰਢ ਪੈ ਸਕਦੀ ਹੈ।
53710	1248	ਖਿਨੁ ਪਲੁ ਘੜੀ ਨ ਜੀਵਉ ਬਿਨੁ ਦੇਖੇ ਮਰਾਂ ਮਾਇ॥		Khin Pal Gharree N Jeevoo Bin Dhaekhae Maraan Maae ||	I cannot live for a moment, for even an instant, without seeing Him, O my mother.	ਹੇ ਮਾਂ! ਮੈਂ ਹਰੀ ਦੇ ਦਰਸਨ ਤੋਂ ਬਿਨਾ ਮਰਦਾ ਹਾਂ ਇਕ ਪਲ ਭਰ, ਘੜੀ ਭਰ ਭੀ ਜੀਉ ਨਹੀਂ ਸਕਦਾ।
53711	1248	ਸਤਿਗੁਰਿ ਨਾਲਿ ਦਿਖਾਲਿਆ ਰਵਿ ਰਹਿਆ ਸਭ ਥਾਇ॥		Sathigur Naal Dhikhaaliaa Rav Rehiaa Sabh Thhaae ||	The Guru has shown me that the Lord is always with me; He is permeating and pervading all places.	ਜਦੋਂ ਮੈਨੂੰ ਗੁਰੂ ਨੇ ਮੇਰਾ ਪ੍ਰਭੂ ਮੇਰੇ ਅੰਦਰ ਹੀ ਵਿਖਾ ਦਿੱਤਾ ਤਾਂ ਉਹ ਸਭ ਥਾਈਂ ਵਿਆਪਕ ਦਿੱਸਣ ਲੱਗ ਪਿਆ।
53712	1248	ਸੁਤਿਆ ਆਪਿ ਉਠਾਲਿ ਦੇਇ ਨਾਨਕ ਲਿਵ ਲਾਇ॥੨੯॥		Suthiaa Aap Outhaal Dhaee Naanak Liv Laae ||29||	He Himself wakes the sleepers, O Nanak, and lovingly attunes them to Himself. ||29||	ਹੇ ਨਾਨਕ! (ਆਪਣੇ ਨਾਮ ਦੀ) ਲਗਨ ਲਾ ਕੇ ਉਹ ਆਪ ਹੀ (ਮਾਇਆ ਵਿਚ) ਸੁੱਤਿਆਂ ਨੂੰ ਜਗਾ ਕੇ (ਨਾਮ ਦੀ ਦਾਤਿ) ਦੇਂਦਾ ਹੈ ॥੨੯॥
53713	1248	ਸਲੋਕ ਮਃ ੩॥		Salok Ma 3 ||	Shalok, Third Mehl:	

53714	1248	ਮਨਮੁਖ ਬੋਲਿ ਨ ਜਾਣਨੀ ਓਨਾ ਅੰਦਰਿ ਕਾਮੁ ਕ੍ਰੋਧੁ ਅਹੰਕਾਰੁ॥		Manamukh Bol N Jaananhee Ounaa Andhar Kaam Krodhh Ahankaar ||	The self-willed manmukhs do not even know how to speak. They are filled with sexual desire, anger and egotism.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਢੁੱਕਵੀਂ ਗੱਲ ਕਰਨੀ ਭੀ ਨਹੀਂ ਜਾਣਦੇ ਕਿਉਂਕਿ ਉਹਨਾਂ ਦੇ ਮਨ ਵਿਚ ਕਾਮ ਕ੍ਰੋਧ ਤੇ ਅਹੰਕਾਰ (ਪ੍ਰਬਲ) ਹੁੰਦਾ ਹੈ;
53715	1248	ਥਾਉ ਕੁਥਾਉ ਨ ਜਾਣਨੀ ਸਦਾ ਚਿਤਵਹਿ ਬਿਕਾਰ॥		Thhaao Kuthhaao N Jaananee Sadhaa Chithavehi Bikaar ||	They do not know the difference between good and bad; they constantly think of corruption.	ਉਹ ਸਦਾ ਭੈੜੀਆਂ ਗੱਲਾਂ ਹੀ ਸੋਚਦੇ ਹਨ, ਥਾਂ ਕੁਥਾਂ ਭੀ ਨਹੀਂ ਸਮਝਦੇ (ਭਾਵ, ਇਹ ਸਮਝ ਭੀ ਉਹਨਾਂ ਨੂੰ ਨਹੀਂ ਹੁੰਦੀ ਕਿ ਇਹ ਕੰਮ ਇਥੇ ਕਰਨਾ ਫਬਦਾ ਭੀ ਹੈ ਜਾਂ ਨਹੀਂ);
53716	1248	ਦਰਗਹ ਲੇਖਾ ਮੰਗੀਐ ਓਥੈ ਹੋਹਿ ਕੂੜਿਆਰ॥		Dharageh Laekhaa Mangeeai Outhhai Hohi Koorriaar ||	In the Lord's Court, they are called to account, and they are judged to be false.	ਜਦੋਂ ਪ੍ਰਭੂ ਦੀ ਹਜ਼ੂਰੀ ਵਿਚ ਕੀਤੇ ਕਰਮਾਂ ਦਾ ਹਿਸਾਬ ਪੁੱਛੀਦਾ ਹੈ ਤਾਂ ਓਥੇ ਉਹ ਝੂਠੇ ਪੈਂਦੇ ਹਨ।
53717	1248	ਆਪੇ ਸ੍ਰਿਸਟਿ ਉਪਾਈਅਨੁ ਆਪਿ ਕਰੇ ਬੀਚਾਰੁ॥		Aapae Srisatt Oupaaeean Aap Karae Beechaar ||	He Himself creates the Universe. He Himself contemplates it.	ਪਰ, ਉਸ ਪ੍ਰਭੂ ਨੇ ਆਪ ਹੀ ਸਾਰੀ ਸ੍ਰਿਸ਼ਟੀ ਪੈਦਾ ਕੀਤੀ ਹੈ, (ਸਭ ਵਿਚ ਵਿਆਪਕ ਹੋ ਕੇ) ਉਹ ਆਪ (ਹੀ) ਹਰੇਕ ਵਿਚਾਰ ਕਰ ਰਿਹਾ ਹੈ।

53718	1248	ਨਾਨਕ ਕਿਸ ਨੋ ਆਖੀਐ ਸਭੁ ਵਰਤੈ ਆਪਿ ਸਚਿਆਰੁ॥੧॥		Naanak Kis No Aakheeai Sabh Varathai Aap Sachiaar ||1||	O Nanak, whom should we tell? The True Lord is permeating and pervading all. ||1||	ਹੇ ਨਾਨਕ! ਸਭ ਥਾਈਂ ਉਹ ਸੱਚ ਦਾ ਸੋਮਾ ਪ੍ਰਭੂ ਆਪ (ਹੀ) ਮੌਜੂਦ ਹੈ, ਸੋ ਕਿਸੇ (ਮਨਮੁਖ) ਨੂੰ (ਭੀ ਮੰਦਾ) ਨਹੀਂ ਆਖਿਆ ਜਾ ਸਕਦਾ ॥੧॥
53719	1248	ਮਃ ੩॥		Ma 3 ||	Third Mehl:	
53720	1248	ਹਰਿ ਗੁਰਮੁਖਿ ਤਿਨੀ ਅਰਾਧਿਆ ਜਿਨ੍ ਕਰਮਿ ਪਰਾਪਤਿ ਹੋਇ॥		Har Guramukh Thinhee Araadhhiaa Jinh Karam Paraapath Hoe ||	The Gurmukhs worship and adore the Lord; they receive the good karma of their actions.	ਗੁਰੂ ਦੇ ਸਨਮੁਖ ਰਹਿ ਕੇ ਉਹਨਾਂ ਮਨੁੱਖਾਂ ਨੇ ਪ੍ਰਭੂ ਨੂੰ ਸਿਮਰਿਆ ਹੈ ਜਿਨ੍ਹਾਂ ਦੇ ਭਾਗਾਂ ਵਿਚ ਪ੍ਰਭੂ ਦੀ ਮਿਹਰ ਨਾਲ 'ਸਿਮਰਨ' ਲਿਖਿਆ ਹੋਇਆ ਹੈ।
53721	1248	ਨਾਨਕ ਹਉ ਬਲਿਹਾਰੀ ਤਿਨ੍ ਕਉ ਜਿਨ੍ ਹਰਿ ਮਨਿ ਵਸਿਆ ਸੋਇ॥੨॥		Naanak Ho Balihaaree Thinh Ko Jinh Har Man Vasiaa Soe ||2||	O Nanak, I am a sacrifice to those whose minds are filled with the Lord. ||2||	ਹੇ ਨਾਨਕ! ਮੈਂ ਉਹਨਾਂ ਬੰਦਿਆਂ ਤੋਂ ਸਦਕੇ ਹਾਂ, ਜਿਨ੍ਹਾਂ ਦੇ ਮਨ ਵਿਚ ਉਹ ਪ੍ਰਭੂ ਵੱਸਦਾ ਹੈ ॥੨॥
53722	1248	ਪਉੜੀ॥		Pourree ||	Pauree:	
53723	1248	ਆਸ ਕਰੇ ਸਭੁ ਲੋਕੁ ਬਹੁ ਜੀਵਣੁ ਜਾਣਿਆ॥		Aas Karae Sabh Lok Bahu Jeevan Jaaniaa ||	All people cherish hope, that they will live long lives.	ਲੰਮੀ ਜ਼ਿੰਦਗੀ ਸਮਝ ਕੇ ਸਾਰਾ ਜਗ (ਭਾਵ, ਹਰੇਕ ਦੁਨੀਆਦਾਰ ਮਨੁੱਖ) ਆਸਾਂ ਬਣਾਂਦਾ ਹੈ,

53724	1248	ਨਿਤ ਜੀਵਣ ਕਉ ਚਿਤੁ ਗੜ੍ਹ ਮੰਡਪ ਸਵਾਰਿਆ॥		Nith Jeevan Ko Chith Garrh Manddap Savaariaa ||	They wish to live forever; they adorn and embellish their forts and mansions.	ਸਦਾ ਜੀਊਣ ਦੀ ਤਾਂਘ (ਰੱਖਦਾ ਹੈ ਤੇ) ਕਿਲ੍ਹੇ ਮਾੜੀਆਂ ਆਦਿਕ ਸਜਾਂਦਾ (ਰਹਿੰਦਾ) ਹੈ,
53725	1248	ਵਲ ਵੰਚ ਕਰਿ ਉਪਾਵ ਮਾਇਆ ਹਿਰਿ ਆਣਿਆ॥		Valavanch Kar Oupaav Maaeiaa Hir Aaniaa ||	By various frauds and deceptions, they steal the wealth of others.	ਠੱਗੀਆਂ ਤੇ ਹੋਰ ਕਈ ਹੀਲੇ ਕਰ ਕੇ (ਦੂਜਿਆਂ ਦਾ) ਮਾਲ ਠੱਗ ਕੇ ਲੈ ਆਉਂਦਾ ਹੈ,
53726	1248	ਜਮਕਾਲੁ ਨਿਹਾਲੇ ਸਾਸ ਆਵ ਘਟੈ ਬੇਤਾਲਿਆ॥	ਬੇਤੱਾਲਿਆ	Jamakaal Nihaalae Saas Aav Ghattai Baethaaliaa ||	But the Messenger of Death keeps his gaze on their breath, and the life of those goblins decreases day by day.	(ਉੱਤੇ) ਜਮਰਾਜ (ਇਸ ਦੇ) ਸਾਹ ਗਿਣਦਾ ਜਾ ਰਿਹਾ ਹੈ, ਜੀਵਨ-ਤਾਲ ਤੋਂ ਖੁੰਝੇ ਹੋਏ ਇਸ ਮਨੁੱਖ ਦੀ ਉਮਰ ਘਟਦੀ ਚਲੀ ਜਾ ਰਹੀ ਹੈ।
53727	1249	ਨਾਨਕ ਗੁਰ ਸਰਣਾਈ ਉਬਰੇ ਹਰਿ ਗੁਰ ਰਖਵਾਲਿਆ॥੩੦॥	ਰੱਖਵੱਾਲਿਆ	Naanak Gur Saranaaee Oubarae Har Gur Rakhavaaliaa ||30||	Nanak has come to the Sanctuary of the Guru, and is saved. The Guru, the Lord, is his Protector. ||30||	ਹੇ ਨਾਨਕ! (ਆਸਾਂ ਦੇ ਇਸ ਲੰਮੇ ਜਾਲ ਵਿਚੋਂ) ਉਹੀ ਬਚਦੇ ਹਨ ਜੋ ਗੁਰੂ ਦੀ ਸਰਨ ਪੈਂਦੇ ਹਨ ਜਿਨ੍ਹਾਂ ਦਾ ਰਾਖਾ ਗੁਰੂ ਅਕਾਲ ਪੁਰਖ ਆਪ ਬਣਦਾ ਹੈ ॥੩੦॥
53728	1249	ਸਲੋਕ ਮਃ ੩॥		Salok Ma 3 ||	Shalok, Third Mehl:	

53729	1249	ਪੜਿ ਪੜਿ ਪੰਡਿਤ ਵਾਦੁ ਵਖਾਣਦੇ ਮਾਇਆ ਮੋਹ ਸੁਆਇ॥		Parr Parr Panddith Vaadh Vakhaanadhae Maaeiaa Moh Suaae ||	Reading and writing, the Pandits engage in debates and disputes; they are attached to the flavors of Maya.	ਪੰਡਿਤ (ਧਰਮ-ਪੁਸਤਕਾਂ) ਪੜ੍ਹ ਪੜ੍ਹ ਕੇ (ਨਿਰੀ) ਚਰਚਾ ਹੀ ਕਰਦੇ ਹਨ ਤੇ ਮਾਇਆ ਦੇ ਮੋਹ ਦੇ ਚਸਕੇ ਵਿਚ (ਫਸੇ ਰਹਿੰਦੇ ਹਨ);
53730	1249	ਦੂਜੈ ਭਾਇ ਨਾਮੁ ਵਿਸਾਰਿਆ ਮਨ ਮੂਰਖ ਮਿਲੈ ਸਜਾਇ॥		Dhoojai Bhaae Naam Visaariaa Man Moorakh Milai Sajaae ||	In the love of duality, they forget the Naam. Those foolish mortals shall receive their punishment.	(ਮਾਇਆ ਦੇ ਪਿਆਰ ਵਿਚ) ਪ੍ਰਭੂ ਦਾ ਨਾਮ ਭੁਲਾਈ ਰੱਖਦੇ ਹਨ (ਇਸ ਵਾਸਤੇ) ਮੂਰਖ ਮਨ ਨੂੰ ਸਜ਼ਾ ਮਿਲਦੀ ਹੈ;
53731	1249	ਜਿਨ੍ਹਿ ਕੀਤੇ ਤਿਸੈ ਨ ਸੇਵਨ੍ਹੀ ਦੇਦਾ ਰਿਜਕੁ ਸਮਾਇ॥		Jinih Keethae Thisai N Saevanhee Dhaedhaa Rijak Samaae ||	They do not serve the One who created them, who gives sustenance to all.	ਜਿਸ (ਪ੍ਰਭੂ) ਨੇ ਪੈਦਾ ਕੀਤਾ ਹੈ ਜੋ (ਸਦਾ) ਰਿਜ਼ਕ ਅਪੜਾਂਦਾ ਹੈ ਉਸ ਨੂੰ ਯਾਦ ਨਹੀਂ ਕਰਦੇ,
53732	1249	ਜਮ ਕਾ ਫਾਹਾ ਗਲਹੁ ਨ ਕਟੀਐ ਫਿਰਿ ਫਿਰਿ ਆਵਹਿ ਜਾਇ॥		Jam Kaa Faahaa Galahu N Katteeai Fir Fir Aavehi Jaae ||	The noose of Death around their necks is not cut off; they come and go in reincarnation, over and over again.	(ਇਸ ਕਾਰਨ) ਉਹਨਾਂ ਦੇ ਗਲੋਂ ਜਮਾਂ ਦੀ ਫਾਹੀ ਕੱਟੀ ਨਹੀਂ ਜਾਂਦੀ, ਉਹ (ਜਗਤ ਵਿਚ) ਮੁੜ ਮੁੜ ਜੰਮਦੇ (ਮਰਦੇ) ਹਨ।

53733	1249	ਜਿਨ ਕਉ ਪੂਰਬਿ ਲਿਖਿਆ ਸਤਿਗੁਰੁ ਮਿਲਿਆ ਤਿਨ ਆਇ॥		Jin Ko Poorab Likhiaa Sathigur Miliaa Thin Aae ||	The True Guru comes and meets those who have such pre-ordained destiny.	ਜਿਨ੍ਹਾਂ ਦੇ ਭਾਗਾਂ ਵਿਚ ਧੁਰੋਂ (ਸਿਮਰਨ ਦਾ ਲੇਖ) ਲਿਖਿਆ ਹੋਇਆ ਹੈ ਉਹਨਾਂ ਨੂੰ ਗੁਰੂ ਆ ਮਿਲਦਾ ਹੈ,
53734	1249	ਅਨ ਦਿਨੁ ਨਾਮੁ ਧਿਆਇਦੇ ਨਾਨਕ ਸਚਿ ਸਮਾਇ॥੧॥		Anadhin Naam Dhhiaaeidhae Naanak Sach Samaae ||1||	Night and day, they meditate on the Naam, the Name of the Lord; O Nanak, they merge into the True Lord. ||1||	ਹੇ ਨਾਨਕ! ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿ ਕੇ ਹਰ ਰੋਜ਼ ਨਾਮ ਸਿਮਰਦੇ ਹਨ ॥੧॥
53735	1249	ਮਃ ੩॥		Ma 3 ||	Third Mehl:	
53736	1249	ਸਚੁ ਵਣਜਹਿ ਸਚੁ ਸੇਵਦੇ ਜਿ ਗੁਰਮੁਖਿ ਪੈਰੀ ਪਾਹਿ॥		Sach Vanajehi Sach Saevadhae J Guramukh Pairee Paahi ||	Those Gurmukhs who fall at His Feet deal with the True Lord and serve the True Lord.	ਜਿਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ (ਗੁਰੂ ਦੀ) ਚਰਨੀਂ ਲੱਗਦੇ ਹਨ, ਉਹ ਪ੍ਰਭੂ ਦਾ ਨਾਮ ਵਿਹਾਝਦੇ ਹਨ, ਨਾਮ ਸਿਮਰਦੇ ਹਨ।
53737	1249	ਨਾਨਕ ਗੁਰ ਕੈ ਭਾਣੈ ਜੇ ਚਲਹਿ ਸਹਜੇ ਸਚਿ ਸਮਾਹਿ॥੨॥		Naanak Gur Kai Bhaanai Jae Chalehi Sehajae Sach Samaahi ||2||	O Nanak, those who walk in harmony with the Guru's Will are intuitively absorbed in the True Lord. ||2||	ਹੇ ਨਾਨਕ! ਜੋ ਗੁਰੂ ਦੇ ਹੁਕਮ ਵਿਚ ਤੁਰਦੇ ਹਨ, ਉਹ ਆਤਮਕ ਅਡੋਲਤਾ ਵਿਚ ਟਿਕ ਕੇ ਸੱਚੇ ਨਾਮ ਵਿਚ ਲੀਨ ਹੋ ਜਾਂਦੇ ਹਨ ॥੨॥
53738	1249	ਪਉੜੀ॥		Pourree ||	Pauree:	

53739	1249	ਆਸਾ ਵਿਚਿ ਅਤਿ ਦੁਖੁ ਘਣਾ ਮਨਮੁਖਿ ਚਿਤੁ ਲਾਇਆ॥		Aasaa Vich Ath Dhukh Ghanaa Manamukh Chith Laaeiaa ||	In hope, there is very great pain; the self-willed manmukh focuses his consciousness on it.	ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਆਸਾਂ ਵਿਚ ਚਿੱਤ ਜੋੜਦਾ ਹੈ (ਭਾਵ, ਆਸਾਂ ਬਣਾਂਦਾ ਰਹਿੰਦਾ ਹੈ, ਪਰ) ਆਸਾਂ (ਚਿਤਵਨ) ਵਿਚ ਬਹੁਤ ਵਧੀਕ ਦੁੱਖ ਹੁੰਦਾ ਹੈ।
53740	1249	ਗੁਰਮੁਖਿ ਭਏ ਨਿਰਾਸ ਪਰਮ ਸੁਖੁ ਪਾਇਆ॥		Guramukh Bheae Niraas Param Sukh Paaeiaa ||	The Gurmukhs become desireless, and attain supreme peace.	ਜੋ ਮਨੁੱਖ ਗੁਰੂ ਦੇ ਦੱਸੇ ਰਾਹ ਉਤੇ ਤੁਰਦੇ ਹਨ ਉਹ ਆਸਾਂ ਨਹੀਂ ਚਿਤਵਦੇ, ਇਸ ਵਾਸਤੇ ਉਹਨਾਂ ਨੂੰ ਬਹੁਤ ਉੱਚਾ ਸੁਖ ਮਿਲਦਾ ਹੈ;
53741	1249	ਵਿਚੇ ਗਿਰਹ ਉਦਾਸ ਅਲਿਪਤ ਲਿਵ ਲਾਇਆ॥	ਅ-ਲਿਪਤ	Vichae Gireh Oudhaas Alipath Liv Laaeiaa ||	In the midst of their household, they remain detached; they are lovingly attuned to the Detached Lord.	ਉਹ ਗ੍ਰਿਹਸਤ ਵਿਚ ਰਹਿੰਦੇ ਹੋਏ ਹੀ (ਪ੍ਰਭੂ-ਚਰਨਾਂ ਵਿਚ) ਸੁਰਤ ਜੋੜਦੇ ਹਨ ਤੇ ਆਸਾਂ ਤੋਂ ਉਤਾਂਹ ਰਹਿੰਦੇ ਹਨ,
53742	1249	ਓਨਾ ਸੋਗੁ ਵਿਜੋਗੁ ਨ ਵਿਆਪਈ ਹਰਿ ਭਾਣਾ ਭਾਇਆ॥		Ounaa Sog Vijog N Viaapee Har Bhaanaa Bhaaeiaa ||	Sorrow and separation do not cling to them at all. They are pleased with the Lord's Will.	ਉਹਨਾਂ ਉੱਤੇ ਮਾਇਆ ਦਾ ਪ੍ਰਭਾਵ ਨਹੀਂ ਪੈਂਦਾ, ਸੋ, ਉਹਨਾਂ ਨੂੰ (ਮਾਇਆ ਦਾ) ਵਿਛੋੜਾ ਨਹੀਂ ਪੋਹਦਾ ਤੇ ਨਾਹ ਹੀ (ਇਸ ਵਿਛੋੜੇ ਤੋਂ ਪੈਦਾ ਹੋਣ ਵਾਲਾ) ਅਫ਼ਸੋਸ ਆ ਕੇ ਦਬਾਅ ਪਾਂਦਾ ਹੈ, ਉਹਨਾਂ ਨੂੰ ਪ੍ਰਭੂ ਦੀ ਰਜ਼ਾ ਚੰਗੀ ਲੱਗਦੀ ਹੈ;

53743	1249	ਨਾਨਕ ਹਰਿ ਸੇਤੀ ਸਦਾ ਰਵਿ ਰਹੇ ਧੁਰਿ ਲਏ ਮਿਲਾਇਆ॥੩੧॥		Naanak Har Saethee Sadhaa Rav Rehae Dhhur Leae Milaaeiaa ||31||	O Nanak, they remain forever immersed in the Primal Lord, who blends them with Himself. ||31||	ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਪਰਮਾਤਮਾ ਨਾਲ ਰਲੇ-ਮਿਲੇ ਰਹਿੰਦੇ ਹਨ, ਉਹਨਾਂ ਨੂੰ ਧੁਰੋਂ ਹੀ ਪ੍ਰਭੂ ਨੇ ਆਪਣੇ ਨਾਲ ਮਿਲਾ ਲਿਆ ਹੁੰਦਾ ਹੈ ॥੩੧॥
53744	1249	ਸਲੋਕ ਮਃ ੩॥		Salok Ma 3 ||	Shalok, Third Mehl:	
53745	1249	ਪਰਾਈ ਅਮਾਣ ਕਿਉ ਰਖੀਐ ਦਿਤੀ ਹੀ ਸੁਖੁ ਹੋਇ॥		Paraaee Amaan Kio Rakheeai Dhithee Hee Sukh Hoe ||	Why keep what is held in trust for another? Giving it back, peace is found.	ਬਿਗਾਨੀ ਅਮਾਨਤ ਸਾਂਭ ਨਹੀਂ ਲੈਣੀ ਚਾਹੀਦੀ, ਇਸ ਦੇ ਦਿੱਤਿਆਂ ਹੀ ਸੁਖ ਮਿਲਦਾ ਹੈ;
53746	1249	ਗੁਰ ਕਾ ਸਬਦੁ ਗੁਰ ਥੈ ਟਿਕੈ ਹੋਰ ਥੈ ਪਰਗਟੁ ਨ ਹੋਇ॥		Gur Kaa Sabadh Gur Thhai Ttikai Hor Thhai Paragatt N Hoe ||	The Word of the Guru's Shabad rests in the Guru; it does not appear through anyone else.	ਸਤਿਗੁਰੂ ਦਾ ਸ਼ਬਦ ਸਤਿਗੁਰੂ ਵਿਚ ਹੀ ਟਿਕ ਸਕਦਾ ਹੈ, ਕਿਸੇ ਹੋਰ ਦੇ ਅੰਦਰ (ਪੂਰੇ ਜੋਬਨ ਵਿਚ) ਨਹੀਂ ਚਮਕਦਾ;
53747	1249	ਅੰਨ੍ਹੇ ਵਸਿ ਮਾਣਕੁ ਪਇਆ ਘਰਿ ਘਰਿ ਵੇਚਣ ਜਾਇ॥	ਵੱਸਿ	Annhae Vas Maanak Paeiaa Ghar Ghar Vaechan Jaae ||	The blind man finds a jewel, and goes from house to house selling it.	(ਕਿਉਂਕਿ) ਜੇ ਇਕ ਮੋਤੀ ਕਿਸੇ ਅੰਨ੍ਹੇ ਨੂੰ ਮਿਲ ਜਾਏ ਤਾਂ ਉਹ ਉਸ ਨੂੰ ਵੇਚਣ ਲਈ ਘਰ ਘਰ ਫਿਰਦਾ ਹੈ;

53748	1249	ਓਨਾ ਪਰਖ ਨ ਆਵਈ ਅਢੁ ਨ ਪਲੈ ਪਾਇ॥		Ounaa Parakh N Aavee Adt N Palai Paae ||	But they cannot appraise it, and they do not offer him even half a shell for it.	ਅੱਗੋਂ ਉਹਨਾਂ ਲੋਕਾਂ ਨੂੰ ਉਸ ਮੋਤੀ ਦੀ ਕਦਰ ਨਹੀਂ ਹੁੰਦੀ, (ਇਸ ਲਈ ਇਸ ਅੰਨ੍ਹੇ ਨੂੰ) ਅੱਧੀ ਕੌਡੀ ਭੀ ਨਹੀਂ ਮਿਲਦੀ।
53749	1249	ਜੇ ਆਪਿ ਪਰਖ ਨ ਆਵਈ ਤਾਂ ਪਾਰਖੀਆ ਥਾਵਹੁ ਲਇਓ ਪਰਖਾਇ॥		Jae Aap Parakh N Aavee Thaan Paarakheeaa Thhaavahu Laeio Parakhaae ||	If he cannot appraise it himself, then he should have it appraised by an appraiser.	ਮੋਤੀ ਦੀ ਕਦਰ ਜੇ ਆਪ ਕਰਨੀ ਨਾਹ ਆਉਂਦੀ ਹੋਵੇ, ਤਾਂ ਬੇਸ਼ੱਕ ਕੋਈ ਧਿਰ ਕਿਸੇ ਪਰਖ ਵਾਲੇ ਪਾਸੋਂ ਮੁੱਲ ਪਵਾ ਵੇਖੇ।
53750	1249	ਜੇ ਓਸੁ ਨਾਲਿ ਚਿਤੁ ਲਾਏ ਤਾਂ ਵਥੁ ਲਹੈ ਨਉ ਨਿਧਿ ਪਲੈ ਪਾਇ॥	ਵੱਥੁ	Jae Ous Naal Chith Laaeae Thaan Vathh Lehai No Nidhh Palai Paae ||	If he focuses his consciousness, then he obtains the true object, and he is blessed with the nine treasures.	ਉਸ ਪਰਖ ਜਾਣਨ ਵਾਲੇ ਨਾਲ ਪ੍ਰੇਮ ਲਾਇਆਂ ਉਹ ਨਾਮ-ਮੋਤੀ ਮਿਲਿਆ ਰਹਿੰਦਾ ਹੈ (ਭਾਵ, ਹੱਥੋਂ ਅਜਾਈਂ ਨਹੀਂ ਜਾਂਦਾ) ਤੇ (ਮਾਨੋ) ਨੌ ਖ਼ਜ਼ਾਨੇ ਪ੍ਰਾਪਤ ਹੋ ਜਾਂਦੇ ਹਨ।
53751	1249	ਘਰਿ ਹੋਦੈ ਧਨਿ ਜਗੁ ਭੁਖਾ ਮੁਆ ਬਿਨੁ ਸਤਿਗੁਰ ਸੋਝੀ ਨ ਹੋਇ॥		Ghar Hodhai Dhhan Jag Bhukhaa Muaa Bin Sathigur Sojhee N Hoe ||	The wealth is within the house, while the world is dying of hunger. Without the True Guru, no one has a clue.	(ਹਿਰਦੇ-) ਘਰ ਵਿਚ (ਨਾਮ-) ਧਨ ਹੁੰਦਿਆਂ ਭੀ ਜਗਤ ਭੁੱਖਾ (ਭਾਵ, ਤ੍ਰਿਸ਼ਨਾ ਦਾ ਮਾਰਿਆ) ਮਰ ਰਿਹਾ ਹੈ, ਇਹ ਸਮਝ ਗੁਰੂ ਤੋਂ ਬਿਨਾ ਨਹੀਂ ਆਉਂਦੀ;
53752	1249	ਸਬਦੁ ਸੀਤਲੁ ਮਨਿ ਤਨਿ ਵਸੈ ਤਿਥੈ ਸੋਗੁ ਵਿਜੋਗੁ ਨ ਕੋਇ॥		Sabadh Seethal Man Than Vasai Thithhai Sog Vijog N Koe ||	When the cooling and soothing Shabad comes to dwell in the mind and body, there is no sorrow or separation there.	ਜਿਸ ਦੇ ਮਨ ਵਿਚ ਤੇ ਤਨ ਵਿਚ ਠੰਢ ਪਾਣ ਵਾਲਾ ਸ਼ਬਦ ਵੱਸਦਾ ਹੈ ਉਸ ਨੂੰ (ਪ੍ਰਭੂ ਨਾਲੋਂ) ਵਿਛੋੜਾ ਨਹੀਂ ਹੁੰਦਾ ਤੇ ਨਾਹ ਹੀ ਸੋਗ ਵਾਪਰਦਾ ਹੈ।

53753	1249	ਵਸਤੁ ਪਰਾਈ ਆਪਿ ਗਰਬੁ ਕਰੇ ਮੂਰਖੁ ਆਪੁ ਗਣਾਏ॥		Vasath Paraaee Aap Garab Karae Moorakh Aap Ganaaeae ||	The object belongs to someone else, but the fool is proud of it, and shows his shallow nature.	(ਪਰ ਇਹ ਨਾਮ-) ਵਸਤ ਮੂਰਖ ਦੇ ਭਾ ਦੀ ਬਿਗਾਨੀ ਰਹਿੰਦੀ ਹੈ (ਭਾਵ, ਮੂਰਖ ਦੇ ਹਿਰਦੇ ਵਿਚ ਨਹੀਂ ਵੱਸਦੀ) ਉਹ ਅਹੰਕਾਰ ਕਰਦਾ ਹੈ ਤੇ ਆਪਣੇ ਆਪ ਨੂੰ ਵੱਡਾ ਜਤਾਂਦਾ ਹੈ।
53754	1249	ਨਾਨਕ ਬਿਨੁ ਬੂਝੇ ਕਿਨੈ ਨ ਪਾਇਓ ਫਿਰਿ ਫਿਰਿ ਆਵੈ ਜਾਏ॥੧॥		Naanak Bin Boojhae Kinai N Paaeiou Fir Fir Aavai Jaaeae ||1||	O Nanak, without understanding, no one obtains it; they come and go in reincarnation, over and over again. ||1||	ਹੇ ਨਾਨਕ! ਜਦ ਤਕ (ਗੁਰ-ਸ਼ਬਦ ਦੀ ਰਾਹੀਂ) ਸਮਝ ਨਹੀਂ ਪੈਂਦੀ ਤਦ ਤਕ ਕਿਸੇ ਨੇ (ਇਹ ਨਾਮ-ਧਨ ਪ੍ਰਾਪਤ ਨਹੀਂ ਕੀਤਾ (ਤੇ ਇਸ ਨਾਮ-ਧਨ ਤੋਂ ਬਿਨਾ ਜੀਵ) ਮੁੜ ਮੁੜ ਜੰਮਦਾ ਮਰਦਾ ਰਹਿੰਦਾ ਹੈ ॥੧॥
53755	1249	ਮਃ ੩॥		Ma 3 ||	Third Mehl:	
53756	1249	ਮਨਿ ਅਨਦੁ ਭਇਆ ਮਿਲਿਆ ਹਰਿ ਪ੍ਰੀਤਮੁ ਸਰਸੇ ਸਜਣ ਸੰਤ ਪਿਆਰੇ॥		Man Anadh Bhaeiaa Miliaa Har Preetham Sarasae Sajan Santh Piaarae ||	My mind is in ecstasy; I have met my Beloved Lord. My beloved friends, the Saints, are delighted.	ਉਹ ਗੁਰਮੁਖ ਪਿਆਰੇ ਸੰਤ ਖਿੜੇ-ਮੱਥੇ ਰਹਿੰਦੇ ਹਨ, ਉਹਨਾਂ ਦੇ ਮਨ ਵਿਚ ਖ਼ੁਸ਼ੀ ਬਣੀ ਰਹਿੰਦੀ ਹੈ, ਜਿਨ੍ਹਾਂ ਨੂੰ ਪ੍ਰੀਤਮ ਪ੍ਰਭੂ ਮਿਲ ਪੈਂਦਾ ਹੈ;

53757	1249	ਜੋ ਧੁਰਿ ਮਿਲੇ ਨ ਵਿਛੁੜਹਿ ਕਬਹੂ ਜਿ ਆਪਿ ਮੇਲੇ ਕਰਤਾਰੇ॥		Jo Dhhur Milae N Vishhurrehi Kabehoo J Aap Maelae Karathaarae ||	Those who are united with the Primal Lord shall never be separated again. The Creator has united them with Himself.	ਜੋ ਧੁਰੋਂ ਹੀ ਪ੍ਰਭੂ ਨਾਲ ਮਿਲੇ ਹੋਏ ਹਨ, ਜਿਨ੍ਹਾਂ ਨੂੰ ਕਰਤਾਰ ਨੇ ਆਪ ਆਪਣੇ ਨਾਲ ਮਿਲਾਇਆ ਹੈ, ਉਹ ਕਦੇ ਉਸ ਤੋਂ ਵਿਛੁੜਦੇ ਨਹੀਂ ਹਨ।
53758	1249	ਅੰਤਰਿ ਸਬਦੁ ਰਵਿਆ ਗੁਰੁ ਪਾਇਆ ਸਗਲੇ ਦੂਖ ਨਿਵਾਰੇ॥		Anthar Sabadh Raviaa Gur Paaeiaa Sagalae Dhookh Nivaarae ||	The Shabad permeates my inner being, and I have found the Guru; all my sorrows are dispelled.	ਜਿਨ੍ਹਾਂ ਦੇ ਅੰਦਰ ਗੁਰੂ ਦਾ ਸ਼ਬਦ ਵੱਸਦਾ ਹੈ, ਜਿਨ੍ਹਾਂ ਨੂੰ ਗੁਰੂ ਮਿਲ ਪੈਂਦਾ ਹੈ, ਉਹਨਾਂ ਦੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ,
53759	1249	ਹਰਿ ਸੁਖਦਾਤਾ ਸਦਾ ਸਲਾਹੀ ਅੰਤਰਿ ਰਖਾਂ ਉਰ ਧਾਰੇ॥		Har Sukhadhaathaa Sadhaa Salaahee Anthar Rakhaan Our Dhhaarae ||	I praise forever the Lord, the Giver of peace; I keep Him enshrined deep within my heart.	(ਉਹਨਾਂ ਦੇ ਅੰਦਰ ਇਹ ਤਾਂਘ ਹੁੰਦੀ ਹੈ-) ਮੈਂ ਸੁਖ ਦੇਣ ਵਾਲੇ ਪ੍ਰਭੂ ਦੀ ਸਦਾ ਸਿਫ਼ਤ-ਸਾਲਾਹ ਕਰਾਂ, ਮੈਂ ਪ੍ਰਭੂ ਨੂੰ ਸਦਾ ਹਿਰਦੇ ਵਿਚ ਸੰਭਾਲ ਰੱਖਾਂ।
53760	1249	ਮਨਮੁਖੁ ਤਿਨ ਕੀ ਬਖੀਲੀ ਕਿ ਕਰੇ ਜਿ ਸਚੈ ਸਬਦਿ ਸਵਾਰੇ॥		Manamukh Thin Kee Bakheelee K Karae J Sachai Sabadh Savaarae ||	How can the self-willed manmukh gossip about those who are embellished and exalted in the True Word of the Shabad?	ਜਿਨ੍ਹਾਂ ਨੂੰ ਗੁਰ-ਸ਼ਬਦ ਦੀ ਰਾਹੀਂ ਸੱਚੇ ਪ੍ਰਭੂ ਨੇ ਆਪ ਸੋਹਣਾ ਬਣਾ ਦਿੱਤਾ ਹੈ, ਕੋਈ ਮਨਮੁਖ ਉਹਨਾਂ ਦੀ ਕੀਹ ਨਿੰਦਾ ਕਰ ਸਕਦਾ ਹੈ?

53761	1249	ਓਨਾ ਦੀ ਆਪਿ ਪਤਿ ਰਖਸੀ ਮੇਰਾ ਪਿਆਰਾ ਸਰਣਾਗਤਿ ਪਏ ਗੁਰ ਦੁਆਰੇ॥	ਸਰ-ਣਾਗਤਿ	Ounaa Dhee Aap Path Rakhasee Maeraa Piaaraa Saranaagath Peae Gur Dhuaarae ||	My Beloved Himself preserves the honor of those who have come to the Guru's Door seeking Sanctuary.	ਪਿਆਰਾ ਪ੍ਰਭੂ ਉਹਨਾਂ ਦੀ ਲਾਜ ਆਪ ਰੱਖਦਾ ਹੈ, ਉਹ ਸਦਾ ਗੁਰੂ ਦੇ ਦਰ ਤੇ ਪ੍ਰਭੂ ਦੀ ਸਰਨ ਵਿਚ ਟਿਕੇ ਰਹਿੰਦੇ ਹਨ।
53762	1249	ਨਾਨਕ ਗੁਰਮੁਖਿ ਸੇ ਸੁਹੇਲੇ ਭਏ ਮੁਖ ਊਜਲ ਦਰਬਾਰੇ॥੨॥		Naanak Guramukh Sae Suhaelae Bheae Mukh Oojal Dharabaarae ||2||	O Nanak, the Gurmukhs are filled with joy; their faces are radiant in the Court of the Lord. ||2||	ਹੇ ਨਾਨਕ! ਉਹ ਗੁਰਮੁਖ (ਇਥੇ) ਸੁਖੀ ਰਹਿੰਦੇ ਹਨ ਤੇ ਪ੍ਰਭੂ ਦੀ ਹਜ਼ੂਰੀ ਵਿਚ ਉਹਨਾਂ ਦੇ ਮੱਥੇ ਖਿੜੇ ਰਹਿੰਦੇ ਹਨ ॥੨॥
53763	1249	ਪਉੜੀ॥		Pourree ||	Pauree:	
53764	1249	ਇਸਤਰੀ ਪੁਰਖੈ ਬਹੁ ਪ੍ਰੀਤਿ ਮਿਲਿ ਮੋਹੁ ਵਧਾਇਆ॥		Eisatharee Purakhai Bahu Preeth Mil Mohu Vadhhaaeiaa ||	The husband and wife are very much in love; joining together, their love increases.	ਮਨੁੱਖ ਦੀ (ਆਪਣੀ) ਵਹੁਟੀ ਨਾਲ ਬੜੀ ਪ੍ਰੀਤ ਹੁੰਦੀ ਹੈ, (ਵਹੁਟੀ ਨੂੰ) ਮਿਲ ਕੇ ਬੜਾ ਮੋਹ ਕਰਦਾ ਹੈ;
53765	1249	ਪੁਤ੍ਰੁ ਕਲਤ੍ਰੁ ਨਿਤ ਵੇਖੈ ਵਿਗਸੈ ਮੋਹਿ ਮਾਇਆ॥	ਪੁੱਤ੍ਰ। ਕ-ਲੱਤ੍ਰ	Puthra Kalathra Nith Vaekhai Vigasai Mohi Maaeiaa ||	Gazing on his children and his wife, the man is pleased and attached to Maya.	ਨਿੱਤ (ਆਪਣੇ) ਪੁੱਤਰ ਨੂੰ ਤੇ (ਆਪਣੀ) ਵਹੁਟੀ ਨੂੰ ਵੇਖਦਾ ਹੈ ਤੇ ਮਾਇਆ ਦੇ ਮੋਹ ਦੇ ਕਾਰਨ ਖ਼ੁਸ਼ ਹੁੰਦਾ ਹੈ;

53766	1249	ਦੇਸਿ ਪਰਦੇਸਿ ਧਨੁ ਚੋਰਾਇ ਆਣਿ ਮੁਹਿ ਪਾਇਆ॥		Dhaes Paradhaes Dhhan Choraae Aan Muhi Paaeiaa ||	Stealing the wealth of his own country and other lands, he brings it home and feeds them.	ਦੇਸੋਂ ਪਰਦੇਸੋਂ ਧਨ ਠੱਗ ਕੇ ਲਿਆ ਕੇ ਉਹਨਾਂ ਨੂੰ ਖੁਆਂਦਾ ਹੈ;
53767	1250	ਅੰਤਿ ਹੋਵੈ ਵੈਰ ਵਿਰੋਧੁ ਕੋ ਸਕੈ ਨ ਛਡਾਇਆ॥		Anth Hovai Vair Virodhh Ko Sakai N Shhaddaaeiaa ||	In the end, hatred and conflict well up, and no one can save him.	ਆਖ਼ਰ ਇਹ ਧਨ ਵੈਰ-ਵਿਰੋਧ ਪੈਦਾ ਕਰ ਦੇਂਦਾ ਹੈ (ਤੇ ਧਨ ਦੀ ਖ਼ਾਤਰ ਕੀਤੇ ਪਾਪਾਂ ਤੋਂ) ਕੋਈ ਛਡਾ ਨਹੀਂ ਸਕਦਾ।
53768	1250	ਨਾਨਕ ਵਿਣੁ ਨਾਵੈ ਧ੍ਰਿਗੁ ਮੋਹੁ ਜਿਤੁ ਲਗਿ ਦੁਖੁ ਪਾਇਆ॥੩੨॥		Naanak Vin Naavai Dhhrig Mohu Jith Lag Dhukh Paaeiaa ||32||	O Nanak, without the Name, those loving attachments are cursed; engrossed in them, he suffers in pain. ||32||	ਹੇ ਨਾਨਕ! ਨਾਮ ਤੋਂ ਵਾਂਜੇ ਰਹਿ ਕੇ ਇਹ ਮੋਹ ਫਿਟਕਾਰ-ਜੋਗ ਹੈ, ਕਿਉਂਕਿ ਇਸ ਮੋਹ ਵਿਚ ਲੱਗ ਕੇ ਮਨੁੱਖ ਦੁੱਖ ਪਾਂਦਾ ਹੈ ॥੩੨॥
53769	1250	ਸਲੋਕ ਮਃ ੩॥		Salok Ma 3 ||	Shalok, Third Mehl:	
53770	1250	ਗੁਰਮੁਖਿ ਅੰਮ੍ਰਿਤੁ ਨਾਮੁ ਹੈ ਜਿਤੁ ਖਾਧੈ ਸਭ ਭੁਖ ਜਾਇ॥		Guramukh Anmrith Naam Hai Jith Khaadhhai Sabh Bhukh Jaae ||	The Guru's Word is the Ambrosial Nectar of the Naam. Eating it, all hunger departs.	ਗੁਰੂ ਦੇ ਪਾਸ ਪ੍ਰਭੂ ਦਾ ਨਾਮ ਇਕ ਐਸਾ ਪਵਿਤ੍ਰ ਭੋਜਨ ਹੈ ਜਿਸ ਦੇ ਖਾਣ ਨਾਲ (ਮਾਇਆ ਦੀ) ਭੁੱਖ ਸਾਰੀ ਦੂਰ ਹੋ ਜਾਂਦੀ ਹੈ,
53771	1250	ਤ੍ਰਿਸਨਾ ਮੂਲਿ ਨ ਹੋਵਈ ਨਾਮੁ ਵਸੈ ਮਨਿ ਆਇ॥		Thrisanaa Mool N Hovee Naam Vasai Man Aae ||	There is no thirst or desire at all, when the Naam comes to dwell in the mind.	(ਮਾਇਆ ਦੀ) ਤ੍ਰਿਸ਼ਨਾ ਉੱਕਾ ਹੀ ਨਹੀਂ ਰਹਿੰਦੀ, ਮਨ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ।

53772	1250	ਬਿਨੁ ਨਾਵੈ ਜਿ ਹੋਰੁ ਖਾਣਾ ਤਿਤੁ ਰੋਗੁ ਲਗੈ ਤਨਿ ਧਾਇ॥		Bin Naavai J Hor Khaanaa Thith Rog Lagai Than Dhhaae ||	Eating anything other than the Name, disease runs to afflict the body.	ਪ੍ਰਭੂ ਦਾ ਨਾਮ ਵਿਸਾਰ ਕੇ ਖਾਣ-ਪੀਣ ਦਾ ਜੋ ਭੀ ਕੋਈ ਹੋਰ ਚਸਕਾ (ਮਨੁੱਖ ਨੂੰ ਲੱਗਦਾ) ਹੈ ਉਸ ਦੀ ਰਾਹੀਂ (ਤ੍ਰਿਸ਼ਨਾ ਦਾ) ਰੋਗ ਸਰੀਰ ਵਿਚ ਬੜਾ ਡੂੰਘਾ ਅਸਰ ਪਾ ਕੇ ਆ ਗ੍ਰਸਦਾ ਹੈ।
53773	1250	ਨਾਨਕ ਰਸ ਕਸ ਸਬਦੁ ਸਲਾਹਣਾ ਆਪੇ ਲਏ ਮਿਲਾਇ॥੧॥		Naanak Ras Kas Sabadh Salaahanaa Aapae Leae Milaae ||1||	O Nanak, whoever takes the Praise of the Shabad as his spices and flavors - the Lord unites him in His Union. ||1||	ਹੇ ਨਾਨਕ! ਜੇ ਮਨੁੱਖ (ਮਾਇਆ ਦੇ) ਅਨੇਕਾਂ ਕਿਸਮ ਦੇ ਸੁਆਦਾਂ ਦੇ ਥਾਂ ਗੁਰੂ ਦੇ ਸ਼ਬਦ ਨੂੰ ਪ੍ਰਭੂ ਦੀ ਸਿਫ਼ਤ-ਸਾਲਾਹ ਨੂੰ ਗ੍ਰਹਿਣ ਕਰੇ ਤਾਂ ਪ੍ਰਭੂ ਆਪ ਹੀ ਇਸ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ ॥੧॥
53774	1250	ਮਃ ੩॥		Ma 3 ||	Third Mehl:	
53775	1250	ਜੀਆ ਅੰਦਰਿ ਜੀਉ ਸਬਦੁ ਹੈ ਜਿਤੁ ਸਹ ਮੇਲਾਵਾ ਹੋਇ॥		Jeeaa Andhar Jeeo Sabadh Hai Jith Seh Maelaavaa Hoe ||	The life within all living beings is the Word of the Shabad. Through it, we meet our Husband Lord.	ਪ੍ਰਭੂ ਦੀ ਸਿਫ਼ਤ-ਸਾਲਾਹ ਹੀ ਜੀਵਾਂ ਦੇ ਅੰਦਰ ਜ਼ਿੰਦਗੀ ਹੈ, ਇਸ ਸਿਫ਼ਤ-ਸਾਲਾਹ ਦੀ ਰਾਹੀਂ ਖਸਮ-ਪ੍ਰਭੂ ਨਾਲ (ਜੀਵ ਦਾ) ਮਿਲਾਪ ਹੁੰਦਾ ਹੈ;
53776	1250	ਬਿਨੁ ਸਬਦੈ ਜਗਿ ਆਨ੍ਹੇਰੁ ਹੈ ਸਬਦੇ ਪਰਗਟੁ ਹੋਇ॥		Bin Sabadhai Jag Aanhaer Hai Sabadhae Paragatt Hoe ||	Without the Shabad, the world is in darkness. Through the Shabad, it is enlightened.	ਪ੍ਰਭੂ ਦੀ ਸਿਫ਼ਤ-ਸਾਲਾਹ ਤੋਂ ਖੁੰਝ ਕੇ ਜਗਤ ਵਿਚ (ਆਤਮਕ ਜੀਵਨ ਵਲੋਂ) ਹਨੇਰਾ ਹੈ, ਸ਼ਬਦ ਦੀ ਰਾਹੀਂ ਹੀ (ਹਨੇਰਾ ਦੂਰ ਹੋ ਕੇ, ਆਤਮਕ ਜੀਵਨ ਦੀ ਸੂਝ ਦਾ) ਚਾਨਣ ਹੁੰਦਾ ਹੈ।

53777	1250	ਪੰਡਿਤ ਮੋਨੀ ਪੜਿ ਪੜਿ ਥਕੇ ਭੇਖ ਥਕੇ ਤਨੁ ਧੋਇ॥		Panddith Monee Parr Parr Thhakae Bhaekh Thhakae Than Dhhoe ||	The Pandits, the religious scholars, and the silent sages read and write until they are weary. The religious fanatics are tired of washing their bodies.	ਮੁਨੀ ਲੋਕ ਤੇ ਪੰਡਿਤ (ਧਾਰਮਿਕ ਪੁਸਤਕਾਂ) ਪੜ੍ਹ ਪੜ੍ਹ ਕੇ ਹਾਰ ਗਏ, ਭੇਖਾਂ ਵਾਲੇ ਸਾਧੂ ਤੀਰਥਾਂ ਉਤੇ ਇਸ਼ਨਾਨ ਕਰ ਕਰ ਕੇ ਥੱਕ ਗਏ,
53778	1250	ਬਿਨੁ ਸਬਦੈ ਕਿਨੈ ਨ ਪਾਇਓ ਦੁਖੀਏ ਚਲੇ ਰੋਇ॥		Bin Sabadhai Kinai N Paaeiou Dhukheeeae Chalae Roe ||	Without the Shabad, no one attains the Lord; the miserable depart weeping and wailing.	ਪਰ ਸਿਫ਼ਤ-ਸਾਲਾਹ ਦੀ ਬਾਣੀ ਤੋਂ ਬਿਨਾ ਕਿਸੇ ਨੂੰ ਭੀ ਖਸਮ ਪ੍ਰਭੂ ਨਹੀਂ ਮਿਲਿਆ, ਸਭ ਦੁਖੀ ਹੋ ਕੇ ਰੋ ਕੇ ਹੀ ਇਥੋਂ ਗਏ।
53779	1250	ਨਾਨਕ ਨਦਰੀ ਪਾਈਐ ਕਰਮਿ ਪਰਾਪਤਿ ਹੋਇ॥੨॥		Naanak Nadharee Paaeeai Karam Paraapath Hoe ||2||	O Nanak, by His Glance of Grace, the Merciful Lord is attained. ||2||	ਹੇ ਨਾਨਕ! ਸਿਫ਼ਤ-ਸਾਲਾਹ ਭੀ ਪ੍ਰਭੂ ਦੀ ਮਿਹਰ ਦੀ ਨਜ਼ਰ ਨਾਲ ਮਿਲਦੀ ਹੈ, ਪ੍ਰਭੂ ਦੀ ਬਖ਼ਸ਼ਸ਼ ਨਾਲ ਹੀ ਪ੍ਰਾਪਤ ਹੁੰਦੀ ਹੈ ॥੨॥
53780	1250	ਪਉੜੀ॥		Pourree ||	Pauree:	
53781	1250	ਇਸਤ੍ਰੀ ਪੁਰਖੈ ਅਤਿ ਨੇਹੁ ਬਹਿ ਮੰਦੁ ਪਕਾਇਆ॥		Eisathree Purakhai Ath Naehu Behi Mandh Pakaaeiaa ||	The husband and wife are very much in love; sitting together, they make evil plans.	(ਜੇ) ਮਨੁੱਖ ਦਾ (ਆਪਣੀ) ਇਸਤ੍ਰੀ ਨਾਲ ਬਹੁਤ ਪਿਆਰ ਹੈ (ਤਾਂ ਇਸ ਦਾ ਸਿੱਟਾ ਆਮ ਤੌਰ ਤੇ ਇਹੀ ਨਿਕਲਦਾ ਹੈ ਕਿ) ਬੈਠ ਕੇ ਕੋਈ ਵਿਕਾਰ ਦੀ ਚਿਤਵਨੀ ਹੀ ਚਿਤਵਦਾ ਹੈ (ਤੇ ਨਾਸਵੰਤ ਨਾਲ ਮੋਹ ਵਧਦਾ ਜਾਂਦਾ ਹੈ);

53782	1250	ਦਿਸਦਾ ਸਭੁ ਕਿਛੁ ਚਲਸੀ ਮੇਰੇ ਪ੍ਰਭ ਭਾਇਆ॥		Dhisadhaa Sabh Kishh Chalasee Maerae Prabh Bhaaeiaa ||	All that is seen shall pass away. This is the Will of my God.	ਪਰ, ਮੇਰੇ ਪ੍ਰਭੂ ਦਾ ਭਾਣਾ ਇਹ ਹੈ ਕਿ ਜੋ ਕੁਝ (ਅੱਖੀਂ) ਦਿੱਸਦਾ ਹੈ ਇਹ ਸਭ ਨਾਸ ਹੋ ਜਾਣਾ ਹੈ।
53783	1250	ਕਿਉ ਰਹੀਐ ਥਿਰੁ ਜਗਿ ਕੋ ਕਢਹੁ ਉਪਾਇਆ॥		Kio Reheeai Thhir Jag Ko Kadtahu Oupaaeiaa ||	How can anyone remain in this world forever? Some may try to devise a plan.	ਫਿਰ ਕੋਈ ਐਸਾ ਉਪਾਉ ਲੱਭੋ ਜਿਸ ਕਰ ਕੇ ਜਗਤ ਵਿਚ ਸਦਾ ਟਿਕੇ ਰਹਿ ਸਕੀਏ (ਭਾਵ, ਸਦਾ ਟਿਕੇ ਰਹਿਣ ਵਾਲੇ ਪ੍ਰਭੂ ਨਾਲ ਇਕ-ਸੁਰ ਹੋ ਸਕੀਏ),
53784	1250	ਗੁਰ ਪੂਰੇ ਕੀ ਚਾਕਰੀ ਥਿਰੁ ਕੰਧੁ ਸਬਾਇਆ॥		Gur Poorae Kee Chaakaree Thhir Kandhh Sabaaeiaa ||	Working for the Perfect Guru, the wall becomes permanent and stable.	(ਉਹ ਉਪਾਉ) ਪੂਰੇ ਸਤਿਗੁਰੂ ਦੀ (ਦੱਸੀ) ਸੇਵਾ-ਭਗਤੀ ਹੀ ਹੈ ਜਿਸ ਕਰਕੇ ਸਾਰਾ ਸਰੀਰ (ਭਾਵ, ਸਾਰੇ ਗਿਆਨ-ਇੰਦ੍ਰੇ) (ਵਿਕਾਰਾਂ ਦੇ ਟਾਕਰੇ ਤੇ) ਅਡੋਲ ਰਹਿ ਸਕਦਾ ਹੈ।
53785	1250	ਨਾਨਕ ਬਖਸਿ ਮਿਲਾਇਅਨੁ ਹਰਿ ਨਾਮਿ ਸਮਾਇਆ॥੩੩॥		Naanak Bakhas Milaaeian Har Naam Samaaeiaa ||33||	O Nanak, the Lord forgives them, and merges them into Himself; they are absorbed in the Lord's Name. ||33||	ਹੇ ਨਾਨਕ! ਜਿਨ੍ਹਾਂ ਨੂੰ ਉਸ ਪ੍ਰਭੂ ਨੇ ਮਿਹਰ ਕਰ ਕੇ (ਆਪਣੇ ਨਾਲ) ਮਿਲਾਇਆ ਹੈ ਉਹ ਉਸ ਹਰੀ ਦੇ ਨਾਮ ਵਿਚ ਲੀਨ ਰਹਿੰਦੇ ਹਨ ॥੩੩॥
53786	1250	ਸਲੋਕ ਮਃ ੩॥		Salok Ma 3 ||	Shalok, Third Mehl:	

53787	1250	ਮਾਇਆ ਮੋਹਿ ਵਿਸਾਰਿਆ ਗੁਰ ਕਾ ਭਉ ਹੇਤੁ ਅਪਾਰੁ॥		Maaeiaa Mohi Visaariaa Gur Kaa Bho Haeth Apaar ||	Attached to Maya, the mortal forgets the Fear of God and Guru, and love for the Infinite Lord.	ਮਾਇਆ ਦੇ ਮੋਹ ਵਿਚ ਪੈ ਕੇ ਮਨੁੱਖ ਗੁਰੂ ਦਾ ਅਦਬ ਭੁਲਾ ਦੇਂਦਾ ਹੈ, ਤੇ (ਇਹ ਭੀ) ਵਿਸਾਰ ਦੇਂਦਾ ਹੈ ਕਿ ਗੁਰੂ (ਕਿਤਨਾ) ਬੇਅੰਤ ਪਿਆਰ (ਇਸ ਨਾਲ ਕਰਦਾ ਹੈ);
53788	1250	ਲੋਭਿ ਲਹਰਿ ਸੁਧਿ ਮਤਿ ਗਈ ਸਚਿ ਨ ਲਗੈ ਪਿਆਰੁ॥	ਲਹ-ਰਿ	Lobh Lehar Sudhh Math Gee Sach N Lagai Piaar ||	The waves of greed take away his wisdom and understanding, and he does not embrace love for the True Lord.	ਲੋਭ-ਲਹਿਰ ਵਿਚ ਫਸ ਕੇ ਇਸ ਦੀ ਅਕਲ-ਹੋਸ਼ ਗੁੰਮ ਹੋ ਜਾਂਦੀ ਹੈ, ਸਦਾ-ਥਿਰ ਪ੍ਰਭੂ ਵਿਚ ਇਸ ਦਾ ਪਿਆਰ ਨਹੀਂ ਬਣਦਾ।
53789	1250	ਗੁਰਮੁਖਿ ਜਿਨਾ ਸਬਦੁ ਮਨਿ ਵਸੈ ਦਰਗਹ ਮੋਖ ਦੁਆਰੁ॥		Guramukh Jinaa Sabadh Man Vasai Dharageh Mokh Dhuaar ||	The Word of the Shabad abides in the mind of the Gurmukhs, who find the Gate of Salvation.	ਗੁਰੂ ਦੇ ਸਨਮੁਖ ਰਹਿਣ ਵਾਲੇ ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਗੁਰੂ ਦਾ ਸ਼ਬਦ ਵੱਸਦਾ ਹੈ, ਉਹਨਾਂ ਨੂੰ ਪ੍ਰਭੂ ਦੀ ਹਜ਼ੂਰੀ ਪ੍ਰਾਪਤ ਹੋ ਜਾਂਦੀ ਹੈ, ਉਹਨਾਂ ਨੂੰ ਮਾਇਆ ਦੇ ਮੋਹ ਤੋਂ ਬਚਣ ਦਾ ਰਾਹ ਲੱਭ ਪੈਂਦਾ ਹੈ;
53790	1250	ਨਾਨਕ ਆਪੇ ਮੇਲਿ ਲਏ ਆਪੇ ਬਖਸਣਹਾਰੁ॥੧॥		Naanak Aapae Mael Leae Aapae Bakhasanehaar ||1||	O Nanak, the Lord Himself forgives them, and unites them in Union with Himself. ||1||	ਹੇ ਨਾਨਕ! ਬਖ਼ਸ਼ਣਹਾਰ ਪ੍ਰਭੂ ਆਪ ਹੀ ਗੁਰਮੁਖਾਂ ਨੂੰ ਆਪਣੇ ਨਾਲ ਜੋੜ ਲੈਂਦਾ ਹੈ ॥੧॥
53791	1250	ਮਃ ੪॥		Ma 4 ||	Fourth Mehl:	

53792	1250	ਨਾਨਕ ਜਿਸੁ ਬਿਨੁ ਘੜੀ ਨ ਜੀਵਣਾ ਵਿਸਰੇ ਸਰੈ ਨ ਬਿੰਦ॥		Naanak Jis Bin Gharree N Jeevanaa Visarae Sarai N Bindh ||	O Nanak, without Him, we could not live for a moment. Forgetting Him, we could not succeed for an instant.	ਨਾਨਕ ਆਖਦਾ ਹੈ- ਜਿਸ ਪ੍ਰਭੂ ਤੋਂ ਬਿਨਾ ਇਕ ਘੜੀ ਭੀ ਜੀਉ ਨਹੀਂ ਸਕਦਾ, ਜਿਸ ਨੂੰ ਇਕ ਘੜੀ ਭੀ ਵਿਸਾਰਿਆਂ ਨਿੱਭਦੀ ਨਹੀਂ,
53793	1250	ਤਿਸੁ ਸਿਉ ਕਿਉ ਮਨ ਰੂਸੀਐ ਜਿਸਹਿ ਹਮਾਰੀ ਚਿੰਦ॥੨॥		This Sio Kio Man Rooseeai Jisehi Hamaaree Chindh ||2||	O mortal, how can you be angry with the One who cares for you? ||2||	ਹੇ ਮਨ! ਜਿਸ ਪ੍ਰਭੂ ਨੂੰ ਅਸਾਡਾ (ਹਰ ਵੇਲੇ) ਫ਼ਿਕਰ ਹੈ, ਉਸ ਨਾਲ ਰੁੱਸਣਾ ਠੀਕ ਨਹੀਂ ॥੨॥
53794	1250	ਮਃ ੪॥		Ma 4 ||	Fourth Mehl:	
53795	1250	ਸਾਵਣੁ ਆਇਆ ਝਿਮ ਝਿਮਾ ਹਰਿ ਗੁਰਮੁਖਿ ਨਾਮੁ ਧਿਆਇ॥	ਅੰਦਰ ਬਾਹਰ (ਝਿਮ) ਅਨੰਦ ਦਾਇਕ, ਨਿਰਗੁਣ ਦੀ (ਝਿਮ) ਚਮਕਾਰ ਚ, ਰਿਦੇ ਚੋਂ ਮੁੱਖ ਚ (ਝਿਮਾ) ਲਗਾਤਾਰ ਅੰਮ੍ਰਿਤ ਵਰਸ ਰਿਹਾ ਹੈ। (ਦੂਜਾ ਪਾਠ: ਝਿਮਝਿਮਾ)	Saavan Aaeiaa Jhimajhimaa Har Guramukh Naam Dhhiaae ||	The rainy season of Saawan has come. The Gurmukh meditates on the Lord's Name.	ਜੋ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਹਰੀ ਦਾ ਨਾਮ ਸਿਮਰਦਾ ਹੈ (ਉਸ ਦੇ ਵਾਸਤੇ, ਮਾਨੋ) ਇਕ-ਰਸ ਵਰ੍ਹਨ ਵਾਲਾ ਸਾਵਣ (ਦਾ ਮਹੀਨਾ) ਆ ਜਾਂਦਾ ਹੈ,
53796	1250	ਦੁਖ ਭੁਖ ਕਾੜਾ ਸਭੁ ਚੁਕਾਇਸੀ ਮੀਹੁ ਵੁਠਾ ਛਹਬਰ ਲਾਇ॥		Dhukh Bhukh Kaarraa Sabh Chukaaeisee Meehu Vuthaa Shhehabar Laae ||	All pain, hunger and misfortune end, when the rain falls in torrents.	ਜਦੋਂ ਝੜੀ ਲਾ ਕੇ ਮੀਂਹ ਵੱਸਦਾ ਹੈ, ਘੁੰਮਾ ਤੇ ਲੋਕਾਂ ਦੇ ਦੁੱਖ ਤੇ ਭੁੱਖਾਂ ਸਭ ਦੂਰ ਕਰ ਦੇਂਦਾ ਹੈ,

53797	1250	ਸਭ ਧਰਤਿ ਭਈ ਹਰੀਆਵਲੀ ਅੰਨੁ ਜੰਮਿਆ ਬੋਹਲ ਲਾਇ॥	ਹਰੀ-ਆਵਲੀ	Sabh Dhharath Bhee Hareeaavalee Ann Janmiaa Bohal Laae ||	The entire earth is rejuvenated, and the grain grows in abundance.	(ਕਿਉਂਕਿ) ਸਾਰੀ ਧਰਤੀ ਉਤੇ ਹਰਿਆਉਲ ਹੀ ਦਿੱਸਦੀ ਹੈ ਤੇ ਢੇਰਾਂ ਦੇ ਢੇਰ ਅੰਨ ਪੈਦਾ ਹੁੰਦਾ ਹੈ;
53798	1250	ਹਰਿ ਅਚਿੰਤੁ ਬੁਲਾਵੈ ਕ੍ਰਿਪਾ ਕਰਿ ਹਰਿ ਆਪੇ ਪਾਵੈ ਥਾਇ॥		Har Achinth Bulaavai Kirapaa Kar Har Aapae Paavai Thhaae ||	The Carefree Lord, by His Grace, summons that mortal whom the Lord Himself approves.	(ਇਸੇ ਤਰ੍ਹਾਂ, ਗੁਰਮੁਖ ਨੂੰ) ਅਚਿੰਤ ਪ੍ਰਭੂ ਆਪ ਹੀ ਮਿਹਰ ਕਰ ਕੇ ਆਪਣੇ ਨੇੜੇ ਲਿਆਉਂਦਾ ਹੈ, ਉਸ ਦੀ ਮਿਹਨਤ ਨੂੰ ਆਪ ਹੀ ਪ੍ਰਵਾਨ ਕਰਦਾ ਹੈ।
53799	1250	ਹਰਿ ਤਿਸਹਿ ਧਿਆਵਹੁ ਸੰਤ ਜਨਹੁ ਜੁ ਅੰਤੇ ਲਏ ਛਡਾਇ॥		Har Thisehi Dhhiaavahu Santh Janahu J Anthae Leae Shhaddaae ||	So meditate on the Lord, O Saints; He shall save you in the end.	ਹੇ ਸੰਤ ਜਨੋ! ਉਸ ਪ੍ਰਭੂ ਨੂੰ ਯਾਦ ਕਰੋ ਜੋ ਆਖ਼ਰ (ਇਹਨਾਂ ਦੁੱਖਾਂ ਭੁੱਖਾਂ ਤੋਂ) ਖ਼ਲਾਸੀ ਦਿਵਾਉਂਦਾ ਹੈ।
53800	1250	ਹਰਿ ਕੀਰਤਿ ਭਗਤਿ ਅਨੰਦੁ ਹੈ ਸਦਾ ਸੁਖੁ ਵਸੈ ਮਨਿ ਆਇ॥		Har Keerath Bhagath Anandh Hai Sadhaa Sukh Vasai Man Aae ||	The Kirtan of the Lord's Praises and devotion to Him is bliss; peace shall come to dwell in the mind.	ਪ੍ਰਭੂ ਦੀ ਸਿਫ਼ਤ-ਸਾਲਾਹ ਤੇ ਬੰਦਗੀ ਵਿਚ ਹੀ (ਅਸਲ) ਆਨੰਦ ਹੈ, ਸਦਾ ਲਈ ਮਨ ਵਿਚ ਸੁਖ ਆ ਵੱਸਦਾ ਹੈ।

53801	1250	ਜਿਨ੍ਹਾ ਗੁਰਮੁਖਿ ਨਾਮੁ ਅਰਾਧਿਆ ਤਿਨਾ ਦੁਖ ਭੁਖ ਲਹਿ ਜਾਇ॥		Jinhaa Guramukh Naam Araadhhiaa Thinaa Dhukh Bhukh Lehi Jaae ||	Those Gurmukhs who worship the Naam, the Name of the Lord - their pain and hunger departs.	ਜਿਨ੍ਹਾਂ ਗੁਰਮੁਖਾਂ ਨੇ ਨਾਮ ਸਿਮਰਿਆ ਹੈ ਉਹਨਾਂ ਦੇ ਦੁੱਖ ਦੂਰ ਹੋ ਜਾਂਦੇ ਹਨ, ਉਹਨਾਂ ਦੀ ਤ੍ਰਿਸ਼ਨਾ ਮੁੱਕ ਜਾਂਦੀ ਹੈ।
53802	1250	ਜਨ ਨਾਨਕੁ ਤ੍ਰਿਪਤੈ ਗਾਇ ਗੁਣ ਹਰਿ ਦਰਸਨੁ ਦੇਹੁ ਸੁਭਾਇ॥੩॥		Jan Naanak Thripathai Gaae Gun Har Dharasan Dhaehu Subhaae ||3||	Servant Nanak is satisfied, singing the Glorious Praises of the Lord. Please embellish him with the Blessed Vision of Your Darshan. ||3||	ਦਾਸ ਨਾਨਕ ਭੀ ਪ੍ਰਭੂ ਦੇ ਗੁਣ ਗਾ ਗਾ ਕੇ ਹੀ (ਮਾਇਆ ਵਲੋਂ) ਤ੍ਰਿਪਤ ਹੈ (ਤੇ ਅਰਜ਼ੋਈ ਕਰਦਾ ਹੈ-) ਹੇ ਹਰੀ! ਮਿਹਰ ਕਰ ਕੇ ਦੀਦਾਰ ਦੇਹ ॥੩॥
53803	1250	ਪਉੜੀ॥		Pourree ||	Pauree:	
53804	1250	ਗੁਰ ਪੂਰੇ ਕੀ ਦਾਤਿ ਨਿਤ ਦੇਵੈ ਚੜੈ ਸਵਾਈਆ॥	ਚੜੈ	Gur Poorae Kee Dhaath Nith Dhaevai Charrai Savaaeeaa ||	The Perfect Guru bestows His gifts, which increase day by day.	ਪੂਰੇ ਸਤਿਗੁਰੂ ਦੀ ਦਿੱਤੀ ਹੋਈ (ਨਾਮ ਦੀ) ਦਾਤ ਜੋ ਉਹ ਸਦਾ ਦੇਂਦਾ ਹੈ ਵਧਦੀ ਰਹਿੰਦੀ ਹੈ
53805	1250	ਤੁਸਿ ਦੇਵੈ ਆਪਿ ਦਇਆਲੁ ਨ ਛਪੈ ਛਪਾਈਆ॥	ਤੁੱਸਿ	Thus Dhaevai Aap Dhaeiaal N Shhapai Shhapaaeeaa ||	The Merciful Lord Himself bestows them; they cannot be concealed by concealment.	; (ਗੁਰੂ ਦੀ ਮਿਹਰ ਦੀ ਨਜ਼ਰ ਦੇ ਕਾਰਨ ਇਹ ਦਾਤਿ) ਦਿਆਲ ਪ੍ਰਭੂ ਆਪ ਪ੍ਰਸੰਨ ਹੋ ਕੇ ਦੇਂਦਾ ਹੈ, ਤੇ ਕਿਸੇ ਦੀ ਲੁਕਾਈ ਲੁਕਦੀ ਨਹੀਂ;
53806	1250	ਹਿਰਦੈ ਕਵਲੁ ਪ੍ਰਗਾਸੁ ਉਨਮਨਿ ਲਿਵ ਲਾਈਆ॥		Hiradhai Kaval Pragaas Ounaman Liv Laaeeaa ||	The heart-lotus blossoms forth, and the mortal is lovingly absorbed in the state of supreme bliss.	(ਜਿਸ ਮਨੁੱਖ ਉਤੇ ਗੁਰੂ ਵਲੋਂ ਬਖ਼ਸ਼ਸ਼ ਹੋਵੇ ਉਸ ਦੇ) ਹਿਰਦੇ ਦਾ ਕਉਲ ਫੁੱਲ ਖਿੜ ਪੈਂਦਾ ਹੈ, ਉਹ ਪੂਰਨ ਖਿੜਾਉ ਵਿਚ ਟਿਕਿਆ ਰਹਿੰਦਾ ਹੈ;

53807	1250	ਜੇ ਕੋ ਕਰੇ ਉਸ ਦੀ ਰੀਸ ਸਿਰਿ ਛਾਈ ਪਾਈਆ॥		Jae Ko Karae Ous Dhee Rees Sir Shhaaee Paaeeaa ||	If anyone tries to challenge him, the Lord throws dust on his head.	ਜੋ ਮਨੁੱਖ ਉਸ ਦੀ ਬਰਾਬਰੀ ਕਰਨ ਦਾ ਜਤਨ ਕਰਦਾ ਹੈ ਉਹ ਨਮੋਸ਼ੀ ਹੀ ਖੱਟਦਾ ਹੈ।
53808	1250	ਨਾਨਕ ਅਪੜਿ ਕੋਇ ਨ ਸਕਈ ਪੂਰੇ ਸਤਿਗੁਰ ਕੀ ਵਡਿਆਈਆ॥੩੪॥	ਵਡਿਆਈਆ	Naanak Aparr Koe N Sakee Poorae Sathigur Kee Vaddiaaeeaa ||34||	O Nanak, no one can equal the glory of the Perfect True Guru. ||34||	ਹੇ ਨਾਨਕ! ਪੂਰੇ ਗੁਰੂ ਦੀ ਬਖ਼ਸ਼ੀ ਹੋਈ ਵਡਿਆਈ ਦੀ ਕੋਈ ਮਨੁੱਖ ਬਰਾਬਰੀ ਨਹੀਂ ਕਰ ਸਕਦਾ ॥੩੪॥
53809	1251	ਸਲੋਕ ਮਃ ੩॥		Salok Ma 3 ||	Shalok, Third Mehl:	
53810	1251	ਅਮਰੁ ਵੇਪਰਵਾਹੁ ਹੈ ਤਿਸੁ ਨਾਲਿ ਸਿਆਣਪ ਨ ਚਲਈ ਨ ਹੁਜਤਿ ਕਰਣੀ ਜਾਇ॥	(ਹੁਜਤਿ) ਤਰਕ। ਚੱ-ਲਈ	Amar Vaeparavaahu Hai This Naal Siaanap N Chalee N Hujath Karanee Jaae ||	The Order of the Lord is beyond challenge. Clever tricks and arguments will not work against it.	ਪਰਮਾਤਮਾ ਅਟੱਲ ਹੈ, ਬੇ-ਮੁਥਾਜ, ਉਸ ਨਾਲ ਕੋਈ ਚਲਾਕੀ ਨਹੀਂ ਚੱਲ ਸਕਦੀ, ਨਾਹ ਹੀ (ਉਸ ਦੇ ਹੁਕਮ ਅੱਗੇ) ਕੋਈ ਦਲੀਲ ਪੇਸ਼ ਕੀਤੀ ਜਾ ਸਕਦੀ ਹੈ;
53811	1251	ਆਪੁ ਛੋਡਿ ਸਰਣਾਇ ਪਵੈ ਮੰਨਿ ਲਏ ਰਜਾਇ॥		Aap Shhodd Saranaae Pavai Mann Leae Rajaae ||	So abandon your self-conceit, and take to His Sanctuary; accept the Order of His Will.	ਗੁਰਮੁਖ ਮਨੁੱਖ ਆਪਾ-ਭਾਵ ਛੱਡ ਕੇ ਉਸ ਦੀ ਸਰਨੀਂ ਪੈਂਦਾ ਹੈ, ਉਸ ਦੇ ਭਾਣੇ ਅੱਗੇ ਸਿਰ ਨਿਵਾਂਦਾ ਹੈ,

53812	1251	ਗੁਰਮੁਖਿ ਜਮ ਡੰਡੁ ਨ ਲਗਈ ਹਉਮੈ ਵਿਚਹੁ ਜਾਇ॥		Guramukh Jam Ddandd N Lagee Houmai Vichahu Jaae ||	The Gurmukh eliminates self-conceit from within himself; he shall not be punished by the Messenger of Death.	(ਤਾਹੀਏਂ) ਗੁਰਮੁਖ ਨੂੰ ਜਮਰਾਜ ਕੋਈ ਤਾੜਨਾ ਨਹੀਂ ਕਰ ਸਕਦਾ, ਉਸ ਦੇ ਮਨ ਵਿਚੋਂ ਹਉਮੈ ਦੂਰ ਹੋ ਜਾਂਦੀ ਹੈ।
53813	1251	ਨਾਨਕ ਸੇਵਕੁ ਸੋਈ ਆਖੀਐ ਜਿ ਸਚਿ ਰਹੈ ਲਿਵ ਲਾਇ॥੧॥		Naanak Saevak Soee Aakheeai J Sach Rehai Liv Laae ||1||	O Nanak, he alone is called a selfless servant, who remains lovingly attuned to the True Lord. ||1||	ਹੇ ਨਾਨਕ! ਪ੍ਰਭੂ ਦਾ ਸੇਵਕ ਉਸ ਨੂੰ ਕਿਹਾ ਜਾ ਸਕਦਾ ਹੈ ਜੋ (ਆਪਾ-ਭਾਵ ਛੱਡ ਕੇ) ਸੱਚੇ ਪ੍ਰਭੂ ਵਿਚ ਸੁਰਤ ਜੋੜੀ ਰੱਖਦਾ ਹੈ ॥੧॥
53814	1251	ਮਃ ੩॥		Ma 3 ||	Third Mehl:	
53815	1251	ਦਾਤਿ ਜੋਤਿ ਸਭ ਸੂਰਤਿ ਤੇਰੀ॥	(ਦਾਤਿ) ਨਾਮ ਦੀ, (ਦਾਤਿ) ਪਦਾਰਥ ਸਭ ਤਰ੍ਹਾਂ। (ਜੋਤਿ) ਗਿਆਤ, ਅਕਲ	Dhaath Joth Sabh Soorath Thaeree ||	All gifts, light and beauty are Yours.	(ਹੇ ਪ੍ਰਭੂ!) ਇਹ ਜਿੰਦ ਤੇ ਇਹ ਸਰੀਰ ਸਭ ਤੇਰੀ ਬਖ਼ਸ਼ੀ ਹੋਈ ਦਾਤ ਹੈ,
53816	1251	ਬਹੁਤੁ ਸਿਆਣਪ ਹਉਮੈ ਮੇਰੀ॥		Bahuth Siaanap Houmai Maeree ||	Excessive cleverness and egotism are mine.	(ਤੇਰਾ ਸ਼ੁਕਰ ਕਰਨ ਦੇ ਥਾਂ) ਬੜੀਆਂ ਚਲਾਕੀਆਂ (ਕਰਨੀਆਂ) ਹਉਮੈ ਤੇ ਮਮਤਾ ਦੇ ਕਾਰਨ ਹੀ ਹੈ।

53817	1251	ਬਹੁ ਕਰਮ ਕਮਾਵਹਿ ਲੋਭਿ ਮੋਹਿ ਵਿਆਪੇ ਹਉਮੈ ਕਦੇ ਨ ਚੂਕੈ ਫੇਰੀ॥		Bahu Karam Kamaavehi Lobh Mohi Viaapae Houmai Kadhae N Chookai Faeree ||	The mortal performs all sorts of rituals in greed and attachment; engrossed in egotsim, he shall never escape the cycle of reincarnation.	ਜੇ ਮਨੁੱਖ (ਤੇਰੀ ਯਾਦ ਭੁਲਾ ਕੇ) ਲੋਭ ਤੇ ਮੋਹ ਵਿਚ ਫਸੇ ਹੋਏ ਹੋਰ ਕੰਮ ਕਰਦੇ ਹਨ, ਹਉਮੈ ਦੇ ਕਾਰਨ ਉਹਨਾਂ ਦਾ ਜਨਮ ਮਰਨ ਦਾ ਗੇੜ ਨਹੀਂ ਮੁੱਕਦਾ;
53818	1251	ਨਾਨਕ ਆਪਿ ਕਰਾਏ ਕਰਤਾ ਜੋ ਤਿਸੁ ਭਾਵੈ ਸਾਈ ਗਲ ਚੰਗੇਰੀ॥੨॥	ਸਾਂਈਂ	Naanak Aap Karaaeae Karathaa Jo This Bhaavai Saaee Gal Changaeree ||2||	O Nanak, the Creator Himself inspires all to act. Whatever pleases Him is good. ||2||	(ਪਰ) ਹੇ ਨਾਨਕ! (ਕਿਸੇ ਨੂੰ ਭੈੜਾ ਨਹੀਂ ਕਿਹਾ ਜਾ ਸਕਦਾ), ਕਰਤਾਰ ਸਭ ਕੁਝ ਆਪ ਕਰਾ ਰਿਹਾ ਹੈ, ਜੋ ਉਸ ਨੂੰ ਚੰਗਾ ਲੱਗਦਾ ਹੈ ਉਸਨੂੰ ਚੰਗੀ ਗੱਲ ਸਮਝਣਾ (-ਇਹੀ ਹੈ ਜੀਵਨ ਦਾ ਸਹੀ ਰਸਤਾ) ॥੨॥
53819	1251	ਪਉੜੀ ਮਃ ੫॥	ਸਾਰੰਗ ਦੀ ਵਾਰ ਚ, ਪੰਜਵੇਂ ਪਾਤਿਸ਼ਾਹ ਜੀ ਪਉੜੀ	Pourree Ma 5 ||	Pauree, Fifth Mehl:	
53820	1251	ਸਚੁ ਖਾਣਾ ਸਚੁ ਪੈਨਣਾ ਸਚੁ ਨਾਮੁ ਅਧਾਰੁ॥		Sach Khaanaa Sach Painanaa Sach Naam Adhhaar ||	Let Truth be your food, and Truth your clothes, and take the Support of the True Name.	ਉਸ ਮਨੁੱਖ ਦੀ (ਜਿੰਦ ਦੀ) ਖ਼ੁਰਾਕ ਤੇ ਪੁਸ਼ਾਕ ਪ੍ਰਭੂ ਦਾ ਨਾਮ ਹੋ ਜਾਂਦਾ ਹੈ, ਨਾਮ ਹੀ ਉਸ ਦਾ ਆਸਰਾ ਹੋ ਜਾਂਦਾ ਹੈ,
53821	1251	ਗੁਰਿ ਪੂਰੈ ਮੇਲਾਇਆ ਪ੍ਰਭੁ ਦੇਵਣਹਾਰੁ॥		Gur Poorai Maelaaeiaa Prabh Dhaevanehaar ||	The True Guru shall lead you to meet God, the Great Giver.	ਪੂਰੇ ਸਤਿਗੁਰੂ ਨੇ (ਜਿਸ ਮਨੁੱਖ ਨੂੰ) ਸਭ ਦਾਤਾਂ ਦੇਣ ਵਾਲਾ ਪ੍ਰਭੂ ਮਿਲਾ ਦਿੱਤਾ ਹੈ।

53822	1251	ਭਾਗੁ ਪੂਰਾ ਤਿਨ ਜਾਗਿਆ ਜਪਿਆ ਨਿਰੰਕਾਰੁ॥		Bhaag Pooraa Thin Jaagiaa Japiaa Nirankaar ||	When perfect destiny is activated, the mortal meditates on the Formless Lord.	ਉਹਨਾਂ ਬੰਦਿਆਂ ਦੀ ਕਿਸਮਤ ਪੂਰੀ ਖੁਲ੍ਹ ਜਾਂਦੀ ਹੈ ਜੋ ਨਿਰੰਕਾਰ ਨੂੰ ਸਿਮਰਦੇ ਹਨ।
53823	1251	ਸਾਧੂਸੰਗਤਿ ਲਗਿਆ ਤਰਿਆ ਸੰਸਾਰੁ॥		Saadhhoo Sangath Lagiaa Thariaa Sansaar ||	Joining the Saadh Sangat, the Company of the Holy, you shall cross over the world-ocean.	ਉਹ ਸਤਸੰਗ ਦਾ ਆਸਰਾ ਲੈ ਕੇ, ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ।
53824	1251	ਨਾਨਕ ਸਿਫਤਿ ਸਲਾਹ ਕਰਿ ਪ੍ਰਭ ਕਾ ਜੈਕਾਰੁ॥੩੫॥		Naanak Sifath Salaah Kar Prabh Kaa Jaikaar ||35||	O Nanak, chant God's Praises, and celebrate His Victory. ||35||	ਹੇ ਨਾਨਕ! ਪਰਮਾਤਮਾ ਦੀ ਸਿਫ਼ਤ-ਸਾਲਾਹ ਪਰਮਾਤਮਾ ਦੀ ਵਡਿਆਈ ਕਰ ॥੩੫॥
53825	1251	ਸਲੋਕ ਮਃ ੫॥		Salok Ma 5 ||	Shalok, Fifth Mehl:	
53826	1251	ਸਭੇ ਜੀਅ ਸਮਾਲਿ ਅਪਣੀ ਮਿਹਰ ਕਰੁ॥		Sabhae Jeea Samaal Apanee Mihar Kar ||	In Your Mercy, You care for all beings and creatures.	ਹੇ ਪ੍ਰਭੂ! ਆਪਣੀ ਮਿਹਰ ਕਰ ਅਤੇ ਸਾਰੇ ਜੀਵਾਂ ਦੀ ਸਾਰ ਲੈ;
53827	1251	ਅੰਨੁ ਪਾਣੀ ਮੁਚੁ ਉਪਾਇ ਦੁਖ ਦਾਲਦੁ ਭੰਨਿ ਤਰੁ॥	(ਮੁਚੁ) ਬਹੁਤਾ। (ਤਰੁ) ਬਹੁਤੇ ਤੋਂ ਬਹੁਤਾ ਸ਼ੁੱਧ ਕਰ ਦਿਉ ਜੀ	Ann Paanee Much Oupaae Dhukh Dhaaladh Bhann Thar ||	You produce corn and water in abundance; You eliminate pain and poverty, and carry all beings across.	ਅੰਨ ਪਾਣੀ ਬਹੁਤਾ ਪੈਦਾ ਕਰ, ਜੀਵਾਂ ਦੇ ਦੁੱਖ-ਦਲਿੱਦਰ ਦੂਰ ਕਰ ਕੇ ਬਚਾ ਲੈ-

53828	1251	ਅਰਦਾਸਿ ਸੁਣੀ ਦਾਤਾਰਿ ਹੋਈ ਸਿਸਟਿ ਠਰੁ॥		Aradhaas Sunee Dhaathaar Hoee Sisatt Thar ||	The Great Giver listened to my prayer, and the world has been cooled and comforted.	(ਸ੍ਰਿਸ਼ਟੀ ਦੀ ਇਹ) ਅਰਦਾਸ ਦਾਤਾਰ ਨੇ ਸੁਣੀ ਤੇ ਸ੍ਰਿਸ਼ਟੀ ਸ਼ਾਂਤ ਹੋ ਗਈ।
53829	1251	ਲੇਵਹੁ ਕੰਠਿ ਲਗਾਇ ਅਪਦਾ ਸਭ ਹਰੁ॥		Laevahu Kanth Lagaae Apadhaa Sabh Har ||	Take me into Your Embrace, and take away all my pain.	(ਇਸੇ ਤਰ੍ਹਾਂ) ਹੇ ਪ੍ਰਭੂ! ਜੀਵਾਂ ਨੂੰ ਆਪਣੇ ਨੇੜੇ ਰੱਖ ਅਤੇ (ਇਹਨਾਂ ਦੀ) ਸਾਰੀ ਬਿਪਤਾ ਦੂਰ ਕਰ ਦੇਹ।
53830	1251	ਨਾਨਕ ਨਾਮੁ ਧਿਆਇ ਪ੍ਰਭ ਕਾ ਸਫਲੁ ਘਰੁ॥੧॥		Naanak Naam Dhhiaae Prabh Kaa Safal Ghar ||1||	Nanak meditates on the Naam, the Name of the Lord; the House of God is fruitful and prosperous. ||1||	ਹੇ ਨਾਨਕ! (ਆਖ-ਹੇ ਭਾਈ!) ਪ੍ਰਭੂ ਦਾ ਨਾਮ ਸਿਮਰ, ਉਸ ਦਾ ਘਰ ਮੁਰਾਦਾਂ ਪੂਰੀਆਂ ਕਰਨ ਵਾਲਾ ਹੈ ॥੧॥
53831	1251	ਮਃ ੫॥		Ma 5 ||	Fifth Mehl:	
53832	1251	ਵੁਠੇ ਮੇਘ ਸੁਹਾਵਣੇ ਹੁਕਮੁ ਕੀਤਾ ਕਰਤਾਰਿ॥		Vuthae Maegh Suhaavanae Hukam Keethaa Karathaar ||	Rain is falling from the clouds - it is so beautiful! The Creator Lord issued His Order.	ਜਦੋਂ ਕਰਤਾਰ ਨੇ ਹੁਕਮ ਦਿੱਤਾ, ਸੋਹਣੇ ਬੱਦਲ ਆ ਕੇ ਵਰ੍ਹ ਪਏ,

53833	1251	ਰਿਜਕੁ ਉਪਾਇਓਨੁ ਅਗਲਾ ਠਾਂਢਿ ਪਈ ਸੰਸਾਰਿ॥		Rijak Oupaaeioun Agalaa Thaandt Pee Sansaar ||	Grain has been produced in abundance; the world is cooled and comforted.	ਤੇ ਉਸ ਪ੍ਰਭੂ ਨੇ ਬੇਅੰਤ ਰਿਜ਼ਕ (ਜੀਵਾਂ ਲਈ) ਪੈਦਾ ਕੀਤਾ, ਸਾਰੇ ਜਗਤ ਵਿਚ ਠੰਢ ਪੈ ਗਈ, (ਇਸੇ ਤਰ੍ਹਾਂ ਕਰਤਾਰ ਦੀ ਮਿਹਰ ਨਾਲ ਗੁਰੂ-ਬੱਦਲ ਦੇ ਉਪਦੇਸ਼ ਦੀ ਵਰਖਾ ਨਾਲ ਬੇਅੰਤ ਨਾਮ-ਧਨ ਪੈਦਾ ਹੋਇਆ ਤੇ ਗੁਰੂ ਦੇ ਸਰਨ ਆਉਣ ਵਾਲੇ ਵਡ-ਭਾਗੀਆਂ ਦੇ ਅੰਦਰ ਠੰਢ ਪਈ)
53834	1251	ਤਨੁ ਮਨੁ ਹਰਿਆ ਹੋਇਆ ਸਿਮਰਤ ਅਗਮ ਅਪਾਰ॥		Than Man Hariaa Hoeiaa Simarath Agam Apaar ||	The mind and body are rejuvenated, meditating in remembrance on the Inaccessible and Infinite Lord.	ਅਪਹੁੰਚ ਤੇ ਬੇਅੰਤ ਪ੍ਰਭੂ ਦਾ ਸਿਮਰਨ ਕਰਨ ਨਾਲ ਉਹਨਾਂ ਦਾ ਤਨ ਮਨ ਖਿੜ ਪਿਆ।
53835	1251	ਕਰਿ ਕਿਰਪਾ ਪ੍ਰਭ ਆਪਣੀ ਸਚੇ ਸਿਰਜਣਹਾਰ॥		Kar Kirapaa Prabh Aapanee Sachae Sirajanehaar ||	O my True Creator Lord God, please shower Your Mercy on me.	ਹੇ ਸਦਾ ਕਾਇਮ ਰਹਿਣ ਵਾਲੇ ਸਿਰਜਣਹਾਰ ਪ੍ਰਭੂ! ਆਪਣੀ ਮਿਹਰ ਕਰ (ਮੈਨੂੰ ਭੀ ਇਹੀ ਨਾਮ-ਧਨ ਦੇਹ),
53836	1251	ਕੀਤਾ ਲੋੜਹਿ ਸੋ ਕਰਹਿ ਨਾਨਕ ਸਦ ਬਲਿਹਾਰ॥੨॥		Keethaa Lorrehi So Karehi Naanak Sadh Balihaar ||2||	He does whatever He pleases; Nanak is forever a sacrifice to Him. ||2||	ਜੋ ਤੂੰ ਕਰਨਾ ਚਾਹੁੰਦਾ ਹੈਂ ਉਹੀ ਤੂੰ ਕਰਦਾ ਹੈਂ, ਮੈਂ ਨਾਨਕ ਤੈਥੋਂ ਸਦਕੇ ਹਾਂ ॥੨॥
53837	1251	ਪਉੜੀ॥		Pourree ||	Pauree:	

53838	1251	ਵਡਾ ਆਪਿ ਅਗੰਮੁ ਹੈ ਵਡੀ ਵਡਿਆਈ॥		Vaddaa Aap Aganm Hai Vaddee Vaddiaaee ||	The Great Lord is Inaccessible; His glorious greatness is glorious!	ਪ੍ਰਭੂ (ਇਤਨਾ) ਵੱਡਾ ਹੈ (ਕਿ) ਉਸ ਤਕ ਪਹੁੰਚ ਨਹੀਂ ਹੋ ਸਕਦੀ, ਉਸ ਦੀ ਵਡਿਆਈ ਭੀ ਵੱਡੀ ਹੈ (ਭਾਵ, ਉਸ ਵੱਡੇ ਨੇ ਜੋ ਰਚਨਾ ਰਚੀ ਹੈ ਉਹ ਭੀ ਬੇਅੰਤ ਹੈ);
53839	1251	ਗੁਰ ਸਬਦੀ ਵੇਖਿ ਵਿਗਸਿਆ ਅੰਤਰਿ ਸਾਂਤਿ ਆਈ॥		Gur Sabadhee Vaekh Vigasiaa Anthar Saanth Aaee ||	Gazing upon Him through the Word of the Guru's Shabad, I blossom forth in ecstasy; tranquility comes to my inner being.	ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਉਸ ਦੀ ਵਡਿਆਈ) ਵੇਖੀ ਹੈ ਉਸ ਦੇ ਅੰਦਰ ਖਿੜਾਉ ਪੈਦਾ ਹੋ ਗਿਆ ਹੈ, ਸ਼ਾਂਤੀ ਆ ਵੱਸੀ ਹੈ।
53840	1251	ਸਭੁ ਆਪੇ ਆਪਿ ਵਰਤਦਾ ਆਪੇ ਹੈ ਭਾਈ॥		Sabh Aapae Aap Varathadhaa Aapae Hai Bhaaee ||	All by Himself, He Himself is pervading everywhere, O Siblings of Destiny.	ਹੇ ਭਾਈ! (ਆਪਣੀ ਰਚੀ ਹੋਈ ਰਚਨਾ ਵਿਚ) ਹਰ ਥਾਂ ਪ੍ਰਭੂ ਆਪ ਹੀ ਆਪ ਮੌਜੂਦ ਹੈ;
53841	1251	ਆਪਿ ਨਾਥੁ ਸਭ ਨਥੀਅਨੁ ਸਭ ਹੁਕਮਿ ਚਲਾਈ॥		Aap Naathh Sabh Nathheean Sabh Hukam Chalaaee ||	He Himself is the Lord and Master of all. He has subdued all, and all are under the Hukam of His Command.	ਪ੍ਰਭੂ ਆਪ ਖਸਮ ਹੈ, ਸਾਰੀ ਸ੍ਰਿਸ਼ਟੀ ਨੂੰ ਉਸ ਨੇ ਆਪਣੇ ਵੱਸ ਵਿਚ ਰੱਖਿਆ ਹੋਇਆ ਹੈ, ਆਪਣੇ ਹੁਕਮ ਵਿਚ ਚਲਾ ਰਿਹਾ ਹੈ।
53842	1251	ਨਾਨਕ ਹਰਿ ਭਾਵੈ ਸੋ ਕਰੇ ਸਭ ਚਲੈ ਰਜਾਈ॥੩੬॥੧॥ਸੁਧੁ॥		Naanak Har Bhaavai So Karae Sabh Chalai Rajaaee ||36||1|| Sudhh ||	O Nanak, the Lord does whatever He pleases. Everyone walks in harmony with His Will. ||36||1|| Sudh||	ਹੇ ਨਾਨਕ! ਜੋ ਪ੍ਰਭੂ ਨੂੰ ਚੰਗਾ ਲੱਗਦਾ ਹੈ ਉਹੀ ਕਰਦਾ ਹੈ, ਸਾਰੀ ਸ੍ਰਿਸ਼ਟੀ ਉਸੇ ਦੀ ਰਜ਼ਾ ਵਿਚ ਤੁਰ ਰਹੀ ਹੈ ॥੩੬॥੧॥ਸੁਧੁ ॥

53843	1251	ਰਾਗੁ ਸਾਰੰਗ ਬਾਣੀ ਭਗਤਾਂ ਕੀ॥ ਕਬੀਰ ਜੀ॥		Raag Saarang Baanee Bhagathaan Kee ||	Raag Saarang, The Word Of The Devotees.	ਰਾਗ ਸਾਰੰਗ ਵਿੱਚ ਭਗਤਾਂ ਦੀ ਬਾਣੀ। ਭਗਤ ਕਬੀਰ ਜੀ ਦੀ ਬਾਣੀ।
53844	1251	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
53845	1251	ਕਹਾ ਨਰ ਗਰਬਸਿ ਥੋਰੀ ਬਾਤ॥		Kehaa Nar Garabas Thhoree Baath ||	O mortal, why are you so proud of small things?	ਹੇ ਬੰਦੇ! ਥੋੜ੍ਹੀ ਜਿਹੀ ਗੱਲ ਪਿੱਛੇ (ਭਾਵ, ਇਸ ਚੰਦ-ਰੋਜ਼ਾ ਜ਼ਿੰਦਗੀ ਪਿੱਛੇ) ਕਿਉਂ ਮਾਣ ਕਰ ਰਿਹਾ ਹੈਂ?
53846	1251	ਮਨ ਦਸ ਨਾਜੁ ਟਕਾ ਚਾਰਿ ਗਾਂਠੀ ਐਂਡੌ ਟੇਢੌ ਜਾਤੁ॥੧॥ਰਹਾਉ॥	(ਨਾਜੁ) ਅਨਾਜ। (ਐਂਡੌ) ਆਕੜ ਕੇ	Man Dhas Naaj Ttakaa Chaar Gaanthee Ainadda Ttaedta Jaath ||1|| Rehaao ||	With a few pounds of grain and a few coins in your pocket, you are totally puffed up with pride. ||1||Pause||	ਦਸ ਮਣ ਦਾਣੇ ਜਾਂ ਚਾਰ ਟਕੇ ਜੇ ਪੱਲੇ ਹੋ ਗਏ (ਤਾਂ ਕੀਹ ਹੋਇਆ? ਕਿਉਂ) ਇਤਨਾ ਆਕੜ ਕੇ ਤੁਰਦਾ ਹੈਂ? ॥੧॥ ਰਹਾਉ ॥
53847	1251	ਬਹੁਤੁ ਪ੍ਰਤਾਪੁ ਗਾਂਉ ਸਉ ਪਾਏ ਦੁਇ ਲਖ ਟਕਾ ਬਰਾਤ॥	(ਬਰਾਤ) ਆਮਦਨ, ਜਗੀਰ। ਲੱਖ	Bahuth Prathaap Gaano So Paaeae Dhue Lakh Ttakaa Baraath ||	With great pomp and ceremony, you control a hundred villages, with an income of hundreds of thousands of dollars.	ਜੇ ਇਸ ਤੋਂ ਭੀ ਵਧੀਕ ਪ੍ਰਤਾਪ ਹੋਇਆ ਤਾਂ ਸੌ ਪਿੰਡਾਂ ਦੀ ਮਾਲਕੀ ਹੋ ਗਈ ਜਾਂ (ਲੱਖ) ਦੋ ਲੱਖ ਟਕੇ ਦੀ ਜਾਗੀਰ ਮਿਲ ਗਈ,

53848	1251	ਦਿਵਸ ਚਾਰਿ ਕੀ ਕਰਹੁ ਸਾਹਿਬੀ ਜੈਸੇ ਬਨ ਹਰ ਪਾਤ॥੧॥		Dhivas Chaar Kee Karahu Saahibee Jaisae Ban Har Paath ||1||	The power you exert will last for only a few days, like the green leaves of the forest. ||1||	ਹੇ ਬੰਦੇ! ਤਾਂ ਭੀ ਚਾਰ ਦਿਨ ਦੀ ਸਰਦਾਰੀ ਕਰ ਲਵੋਗੇ (ਤੇ ਆਖ਼ਰ ਛੱਡ ਜਾਉਗੇ) ਜਿਵੇਂ ਜੰਗਲ ਦੇ ਹਰੇ ਪੱਤੇ (ਚਾਰ ਦਿਨ ਹੀ ਹਰੇ ਰਹਿੰਦੇ ਹਨ, ਤੇ ਫਿਰ ਸੁੱਕ-ਸੜ ਜਾਂਦੇ ਹਨ) ॥੧॥
53849	1251	ਨਾ ਕੋਊ ਲੈ ਆਇਓ ਇਹੁ ਧਨੁ ਨਾ ਕੋਊ ਲੈ ਜਾਤੁ॥		Naa Kooo Lai Aaeiou Eihu Dhhan Naa Kooo Lai Jaath ||	No one has brought this wealth with him, and no one will take it with him when he goes.	(ਦੁਨੀਆ ਦਾ) ਇਹ ਮਾਲ-ਧਨ ਨਾਹ ਕੋਈ ਬੰਦਾ (ਜੰਮਣ ਵੇਲੇ) ਆਪਣੇ ਨਾਲ ਲੈ ਕੇ ਆਇਆ ਹੈ ਤੇ ਨਾਹ ਕੋਈ (ਮਰਨ ਵੇਲੇ) ਇਹ ਧਨ ਨਾਲ ਲੈ ਜਾਂਦਾ ਹੈ।
53850	1251	ਰਾਵਨ ਹੂੰ ਤੇ ਅਧਿਕ ਛਤ੍ਰਪਤਿ ਖਿਨ ਮਹਿ ਗਏ ਬਿਲਾਤ॥੨॥		Raavan Hoon Thae Adhhik Shhathrapath Khin Mehi Geae Bilaath ||2||	Emperors, even greater than Raawan, passed away in an instant. ||2||	ਰਾਵਣ ਤੋਂ ਭੀ ਵੱਡੇ ਵੱਡੇ ਰਾਜੇ ਇਕ ਪਲਕ ਵਿਚ ਇੱਥੋਂ ਚੱਲ ਵਸੇ ॥੨॥
53851	1252	ਹਰਿ ਕੇ ਸੰਤ ਸਦਾ ਥਿਰੁ ਪੂਜਹੁ ਜੋ ਹਰਿ ਨਾਮੁ ਜਪਾਤ॥		Har Kae Santh Sadhaa Thhir Poojahu Jo Har Naam Japaath ||	The Lord's Saints are steady and stable forever; they worship and adore Him, and chant the Lord's Name.	(ਹੇ ਬੰਦੇ! ਜਨਮ-ਮਰਨ ਦਾ ਗੇੜ ਹਰੇਕ ਦੇ ਸਿਰ ਉੱਤੇ ਹੈ, ਸਿਰਫ਼) ਪ੍ਰਭੂ ਦੇ ਸੰਤ ਹੀ ਹਨ ਜੋ ਸਦਾ ਅਟੱਲ ਰਹਿੰਦੇ ਹਨ (ਜੋ ਮੁੜ ਮੁੜ ਮੌਤ ਦਾ ਸ਼ਿਕਾਰ ਨਹੀਂ ਹੁੰਦੇ), ਉਹਨਾਂ ਦੀ ਸੇਵਾ ਕਰੋ, ਉਹ ਪ੍ਰਭੂ ਦਾ ਨਾਮ (ਆਪ ਸਿਮਰਦੇ ਹਨ ਤੇ ਹੋਰਨਾਂ ਤੋਂ) ਜਪਾਂਦੇ ਹਨ।

53852	1252	ਜਿਨ ਕਉ ਕ੍ਰਿਪਾ ਕਰਤ ਹੈ ਗੋਬਿਦੁ ਤੇ ਸਤਸੰਗਿ ਮਿਲਾਤ॥੩॥		Jin Ko Kirapaa Karath Hai Gobidh Thae Sathasang Milaath ||3||	Those who are mercifully blessed by the Lord of the Universe, join the Sat Sangat, the True Congregation. ||3||	ਪਰਮਾਤਮਾ ਜਿਨ੍ਹਾਂ ਉੱਤੇ ਮਿਹਰ ਕਰਦਾ ਹੈ ਉਹਨਾਂ ਨੂੰ (ਐਸੇ) ਸੰਤ ਜਨਾਂ ਦੀ ਸੰਗਤ ਵਿਚ ਮਿਲਾਂਦਾ ਹੈ ॥੩॥
53853	1252	ਮਾਤ ਪਿਤਾ ਬਨਿਤਾ ਸੁਤ ਸੰਪਤਿ ਅੰਤਿ ਨ ਚਲਤ ਸੰਗਾਤ॥	ਬਨਿ-ਤਾ	Maath Pithaa Banithaa Suth Sanpath Anth N Chalath Sangaath ||	Mother, father, spouse, children and wealth will not go along with you in the end.	ਹੇ ਕਮਲੇ! ਮਾਂ, ਪਿਉ, ਵਹੁਟੀ, ਪੁੱਤਰ, ਧਨ-ਇਹਨਾਂ ਵਿਚੋਂ ਕੋਈ ਭੀ ਅਖ਼ੀਰ ਵੇਲੇ ਨਾਲ ਨਹੀਂ ਤੁਰਦਾ।
53854	1252	ਕਹਤ ਕਬੀਰ ਰਾਮ ਭਜੁ ਬਉਰੇ ਜਨਮੁ ਅਕਾਰਥ ਜਾਤ॥੪॥੧॥		Kehath Kabeer Raam Bhaj Bourae Janam Akaarathh Jaath ||4||1||	Says Kabeer, meditate and vibrate on the Lord, O madman. Your life is uselessly wasting away. ||4||1||	ਕਬੀਰ ਆਖਦਾ ਹੈ ਕਿ (ਇਕ ਪ੍ਰਭੂ ਹੀ ਸਾਥੀ ਬਣਦਾ ਹੈ) ਪ੍ਰਭੂ ਦਾ ਨਾਮ ਸਿਮਰ, (ਸਿਮਰਨ ਤੋਂ ਬਿਨਾ) ਜੀਵਨ ਵਿਅਰਥ ਜਾ ਰਿਹਾ ਹੈ ॥੪॥੧॥
53855	1252	ਰਾਜਾਸ੍ਰਮ ਮਿਤਿ ਨਹੀ ਜਾਨੀ ਤੇਰੀ॥	ਪਿਆਰੇ ਵਾਹਿਗੁਰੂ ਜੀ ਦਾ (ਰਾਜਾਸ੍ਰਮ) ਰਾਜ ਅਸਥਾਨ। ਰਾਜਾਸ੍ਰਮ: ਜ਼ੋਰ ਦੀ ਬੋਲੋ	Raajaasram Mith Nehee Jaanee Thaeree ||	I do not know the limits of Your Royal Ashram.	ਹੇ ਉੱਚੇ ਮਹੱਲ ਵਾਲੇ (ਪ੍ਰਭੂ!) ਮੈਥੋਂ ਤੇਰੀ ਕੁਦਰਤ ਦਾ ਅੰਤ ਨਹੀਂ ਪੈ ਸਕਦਾ,
53856	1252	ਤੇਰੇ ਸੰਤਨ ਕੀ ਹਉ ਚੇਰੀ॥੧॥ਰਹਾਉ॥		Thaerae Santhan Kee Ho Chaeree ||1|| Rehaao ||	I am the humble slave of Your Saints. ||1||Pause||	(ਤੇਰੇ ਸੰਤ ਹੀ ਤੇਰੇ ਗੁਣਾਂ ਦਾ ਜ਼ਿਕਰ ਕਰਦੇ ਹਨ; ਸੋ) ਮੈਂ ਤੇਰੇ ਸੰਤਾਂ ਦੀ ਹੀ ਦਾਸੀ ਬਣੀ ਰਹਾਂ (ਇਹੋ ਮੇਰੀ ਤਾਂਘ ਹੈ) ॥੧॥ ਰਹਾਉ ॥

53857	1252	ਹਸਤੋ ਜਾਇ ਸੁ ਰੋਵਤੁ ਆਵੈ ਰੋਵਤੁ ਜਾਇ ਸੁ ਹਸੈ॥	ਹੱਸੈ	Hasatho Jaae S Rovath Aavai Rovath Jaae S Hasai ||	The one who goes laughing returns crying, and the one who goes crying returns laughing.	(ਅਚਰਜ ਖੇਡ ਹੈ) ਜੋ ਹੱਸਦਾ ਜਾਂਦਾ ਹੈ ਉਹ ਰੋਂਦਾ (ਵਾਪਸ) ਆਉਂਦਾ ਹੈ; ਜੋ ਰੋਂਦਾ ਜਾਂਦਾ ਹੈ ਉਹ ਹੱਸਦਾ ਮੁੜਦਾ ਹੈ।
53858	1252	ਬਸਤੋ ਹੋਇ ਹੋਇ ਸੋ ਊਜਰੁ ਊਜਰੁ ਹੋਇ ਸੁ ਬਸੈ॥੧॥		Basatho Hoe Hoe Suo Oojar Oojar Hoe S Basai ||1||	What is inhabited becomes deserted, and what is deserted becomes inhabited. ||1||	ਜੋ ਕਦੇ ਵੱਸਦਾ (ਨਗਰ) ਹੁੰਦਾ ਹੈ, ਉਹ ਉੱਜੜ ਜਾਂਦਾ ਹੈ, ਤੇ ਉੱਜੜਿਆ ਹੋਇਆ ਥਾਂ ਵੱਸ ਪੈਂਦਾ ਹੈ ॥੧॥
53859	1252	ਜਲ ਤੇ ਥਲ ਕਰਿ ਥਲ ਤੇ ਕੂਆ ਕੂਪ ਤੇ ਮੇਰੁ ਕਰਾਵੈ॥		Jal Thae Thhal Kar Thhal Thae Kooaa Koop Thae Maer Karaavai ||	The water turns into a desert, the desert turns into a well, and the well turns into a mountain.	(ਪਰਮਾਤਮਾ ਦੀ ਖੇਡ ਅਸਚਰਜ ਹੈ) ਪਾਣੀ (ਨਾਲ ਭਰੇ ਥਾਵਾਂ ਤੋਂ) ਬਰੇਤਾ ਕਰ ਦੇਂਦਾ ਹੈ, ਬਰੇਤੇ ਤੋਂ ਖੂਹ ਬਣਾ ਦੇਂਦਾ ਹੈ, ਅਤੇ ਖੂਹ (ਦੇ ਥਾਂ) ਤੋਂ ਪਹਾੜ ਕਰ ਦੇਂਦਾ ਹੈ।
53860	1252	ਧਰਤੀ ਤੇ ਆਕਾਸ ਚਢਾਵੈ ਚਢੇ ਅਕਾਸ ਗਿਰਾਵੈ॥੨॥		Dhharathee Thae Aakaas Chadtaavai Chadtae Akaas Giraavai ||2||	From the earth, the mortal is exalted to the Akaashic ethers; and from the ethers on high, he is thrown down again. ||2||	ਜ਼ਮੀਨ ਉਤੇ ਪਏ ਨੂੰ ਅਸਮਾਨ ਉਤੇ ਚਾੜ੍ਹ ਦੇਂਦਾ ਹੈ, ਅਸਮਾਨ ਉਤੇ ਚੜ੍ਹੇ ਨੂੰ ਹੇਠਾਂ ਡੇਗ ਦੇਂਦਾ ਹੈ ॥੨॥
53861	1252	ਭੇਖਾਰੀ ਤੇ ਰਾਜੁ ਕਰਾਵੈ ਰਾਜਾ ਤੇ ਭੇਖਾਰੀ॥		Bhaekhaaree Thae Raaj Karaavai Raajaa Thae Bhaekhaaree ||	The beggar is transformed into a king, and the king into a beggar.	ਮੰਗਤੇ (ਨੂੰ ਰਾਜਾ ਬਣਾ ਕੇ ਉਸ) ਤੋਂ ਰਾਜ ਕਰਾਂਦਾ ਹੈ, ਰਾਜੇ ਤੋਂ ਮੰਗਤਾ ਬਣਾ ਦੇਂਦਾ ਹੈ;

53862	1252	ਖਲ ਮੂਰਖ ਤੇ ਪੰਡਿਤੁ ਕਰਿਬੋ ਪੰਡਿਤ ਤੇ ਮੁਗਧਾਰੀ ॥੩॥		Khal Moorakh Thae Panddith Karibo Panddith Thae Mugadhhaaree ||3||	The idiotic fool is transformed into a Pandit, a religious scholar, and the Pandit into a fool. ||3||	ਮਹਾਂ ਪੂਰਖ ਤੋਂ ਵਿਦਵਾਨ ਬਣਾ ਦੇਂਦਾ ਹੈ ਅਤੇ ਪੰਡਿਤ ਤੋਂ ਮੂਰਖ ਕਰ ਦੇਂਦਾ ਹੈ ॥੩॥
53863	1252	ਨਾਰੀ ਤੇ ਜੋ ਪੁਰਖੁ ਕਰਾਵੈ ਪੁਰਖਨ ਤੇ ਜੋ ਨਾਰੀ॥		Naaree Thae Jo Purakh Karaavai Purakhan Thae Jo Naaree ||	The woman is transformed into a man, and the men into women.	(ਜੋ ਪ੍ਰਭੂ) ਜ਼ਨਾਨੀ ਤੋਂ ਮਰਦ ਪੈਦਾ ਕਰਦਾ ਹੈ, ਮਰਦਾਂ (ਦੀ ਬਿੰਦ) ਤੋਂ ਜੋ ਜ਼ਨਾਨੀਆਂ ਪੈਦਾ ਕਰ ਦੇਂਦਾ ਹੈ,
53864	1252	ਕਹੁ ਕਬੀਰ ਸਾਧੂ ਕੋ ਪ੍ਰੀਤਮੁ ਤਿਸੁ ਮੂਰਤਿ ਬਲਿਹਾਰੀ ॥੪॥੨॥		Kahu Kabeer Saadhhoo Ko Preetham This Moorath Balihaaree ||4||2||	Says Kabeer, God is the Beloved of the Holy Saints. I am a sacrifice to His image. ||4||2||	ਕਬੀਰ ਆਖਦਾ ਹੈ- ਮੈਂ ਉਸ ਸੋਹਣੇ ਸਰੂਪ ਤੋਂ ਸਦਕੇ ਹਾਂ, ਉਹ ਸੰਤ ਜਨਾਂ ਦਾ ਪਿਆਰਾ ਹੈ ॥੪॥੨॥
53865	1252	ਸਾਰੰਗ ਬਾਣੀ ਨਾਮਦੇਉ ਜੀ ਕੀ॥		Saarang Baanee Naamadhaeo Jee Kee ||	Saarang, The Word Of Naam Dayv Jee:	ਰਾਗ ਸਾਰੰਗ ਵਿੱਚ ਭਗਤ ਨਾਮਦੇਵ ਜੀ ਦੀ ਬਾਣੀ।
53866	1252	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
53867	1252	ਕਾਏਂ ਰੇ ਮਨ ਬਿਖਿਆ ਬਨ ਜਾਇ॥		Kaaeaen Rae Man Bikhiaa Ban Jaae ||	O mortal, why are you going into the forest of corruption?	ਹੇ ਮਨ! ਤੂੰ ਮਾਇਆ-ਜੰਗਲ ਵਿਚ ਕਿਉਂ ਜਾ ਫਸਿਆ ਹੈਂ?

53868	1252	ਭੂਲੌ ਰੇ ਠਗਮੂਰੀ ਖਾਇ॥੧॥ਰਹਾਉ॥		Bhoola Rae Thagamooree Khaae ||1|| Rehaao ||	You have been misled into eating the toxic drug. ||1||Pause||	ਤੂੰ ਤਾਂ ਭੁਲੇਖੇ ਵਿਚ ਪੈ ਕੇ ਠਗ-ਬੂਟੀ ਖਾਈ ਜਾ ਰਿਹਾ ਹੈਂ ॥੧॥ ਰਹਾਉ ॥
53869	1252	ਜੈਸੇ ਮੀਨੁ ਪਾਨੀ ਮਹਿ ਰਹੈ॥	(ਮੀਨੁ) ਮੱਛੀ	Jaisae Meen Paanee Mehi Rehai ||	You are like a fish living in the water;	ਜਿਵੇਂ ਮੱਛੀ ਪਾਣੀ ਵਿਚ (ਬੇ-ਫ਼ਿਕਰ ਹੋ ਕੇ) ਰਹਿੰਦੀ-
53870	1252	ਕਾਲ ਜਾਲ ਕੀ ਸੁਧਿ ਨਹੀ ਲਹੈ॥		Kaal Jaal Kee Sudhh Nehee Lehai ||	You do not see the net of death.	ਮੌਤ-ਜਾਲ ਦੀ ਸੋਝੀ ਨਹੀਂ ਲੈਂਦੀ (ਭਾਵ, ਇਹ ਨਹੀਂ ਸਮਝਦੀ ਕਿ ਇਹ ਜਾਲ ਮੇਰੀ ਮੌਤ ਦਾ ਕਾਰਨ ਬਣੇਗਾ),
53871	1252	ਜਿਹਬਾ ਸੁਆਦੀ ਲੀਲਿਤ ਲੋਹ॥	(ਲੀਲਿਤ) ਨਿਗਲ। (ਲੋਹ) ਲੋਹੇ ਦੀ ਕੁੰਡੀ	Jihabaa Suaadhee Leelith Loh ||	Trying to taste the flavor, you swallow the hook.	ਜੀਭ ਦੇ ਸੁਆਦ ਪਿੱਛੇ ਲੋਹੇ ਦੀ ਕੁੰਡੀ ਨਿਗਲ ਲੈਂਦੀ ਹੈ (ਤੇ ਪਕੜੀ ਜਾਂਦੀ ਹੈ);
53872	1252	ਐਸੇ ਕਨਿਕ ਕਾਮਨੀ ਬਾਧਿਓ ਮੋਹ॥੧॥		Aisae Kanik Kaamanee Baadhhiou Moh ||1||	You are bound by attachment to wealth and woman. ||1||	ਤਿਵੇਂ ਹੀ ਤੂੰ ਸੋਨੇ ਤੇ ਇਸਤ੍ਰੀ ਦੇ ਮੋਹ ਵਿਚ ਬੱਝਾ ਪਿਆ ਹੈਂ (ਤੇ ਆਪਣੀ ਆਤਮਕ ਮੌਤ ਸਹੇੜ ਰਿਹਾ ਹੈਂ) ॥੧॥
53873	1252	ਜਿਉ ਮਧੁ ਮਾਖੀ ਸੰਚੈ ਅਪਾਰ॥		Jio Madhh Maakhee Sanchai Apaar ||	The bee stores up loads of honey;	ਜਿਵੇਂ ਮੱਖੀ ਬਹੁਤ ਸ਼ਹਿਦ ਇਕੱਠਾ ਕਰਦੀ ਹੈ,
53874	1252	ਮਧੁ ਲੀਨੋ ਮੁਖਿ ਦੀਨੀ ਛਾਰੁ॥		Madhh Leeno Mukh Dheenee Shhaar ||	Then someone comes and takes the honey, and throws dust in its mouth.	ਪਰ ਮਨੁੱਖ (ਆ ਕੇ) ਸ਼ਹਿਦ ਲੈ ਲੈਂਦਾ ਹੈ ਤੇ ਉਸ ਮੱਖੀ ਦੇ ਮੂੰਹ ਵਿਚ ਸੁਆਹ ਪਾਂਦਾ ਹੈ (ਭਾਵ, ਉਸ ਮੱਖੀ ਨੂੰ ਕੁਝ ਭੀ ਨਹੀਂ ਦੇਂਦਾ);
53875	1252	ਗਊ ਬਾਛ ਕਉ ਸੰਚੈ ਖੀਰੁ॥		Goo Baashh Ko Sanchai Kheer ||	The cow stores up loads of milk;	ਜਿਵੇਂ ਗਊ ਆਪਣੇ ਵੱਛੇ ਲਈ ਦੁੱਧ (ਥਣਾਂ ਵਿਚ) ਇਕੱਠਾ ਕਰਦੀ ਹੈ,

53876	1252	ਗਲਾ ਬਾਂਧਿ ਦੁਹਿ ਲੇਇ ਅਹੀਰੁ॥੨॥	ਵੱਛੇ ਦਾ ਗਲਾ। (ਅਹੀਰੁ) ਗੁੱਜਰ	Galaa Baandhh Dhuhi Laee Aheer ||2||	Then the milkman comes and ties it by its neck and milks it. ||2||	ਪਰ ਗੁੱਜਰ ਗਲਾਵਾਂ ਪਾ ਕੇ ਦੁੱਧ ਚੋ ਲੈਂਦਾ ਹੈ ॥੨॥
53877	1252	ਮਾਇਆ ਕਾਰਨਿ ਸ੍ਰਮੁ ਅਤਿ ਕਰੈ॥		Maaeiaa Kaaran Sram Ath Karai ||	For the sake of Maya, the mortal works very hard.	ਤਿਵੇਂ ਮੂਰਖ ਮਨੁੱਖ ਮਾਇਆ ਦੀ ਖ਼ਾਤਰ ਬੜੀ ਮਿਹਨਤ ਕਰਦਾ ਹੈ,
53878	1252	ਸੋ ਮਾਇਆ ਲੈ ਗਾਡੈ ਧਰੈ॥		So Maaeiaa Lai Gaaddai Dhharai ||	He takes the wealth of Maya, and buries it in the ground.	ਉਸ ਨੂੰ ਕਮਾ ਕੇ ਧਰਤੀ ਵਿਚ ਨੱਪ ਰੱਖਦਾ ਹੈ,
53879	1252	ਅਤਿ ਸੰਚੈ ਸਮਝੈ ਨਹੀ ਮੂੜ੍॥		Ath Sanchai Samajhai Nehee Moorrh ||	He acquires so much, but the fool does not appreciate it.	ਮੂਰਖ ਬੜੀ ਇਕੱਠੀ ਕਰੀ ਜਾਂਦਾ ਹੈ ਪਰ ਸਮਝਦਾ ਨਹੀਂ,
53880	1252	ਧਨੁ ਧਰਤੀ ਤਨੁ ਹੋਇ ਗਇਓ ਧੂੜਿ॥੩॥		Dhhan Dhharathee Than Hoe Gaeiou Dhhoorr ||3||	His wealth remains buried in the ground, while his body turns to dust. ||3||	ਕਿ ਧਨ ਜ਼ਮੀਨ ਵਿਚ ਹੀ ਦੱਬਿਆ ਪਿਆ ਰਹਿੰਦਾ ਹੈ ਤੇ (ਮੌਤ ਆਇਆਂ) ਸਰੀਰ ਮਿੱਟੀ ਹੋ ਜਾਂਦਾ ਹੈ ॥੩॥
53881	1252	ਕਾਮ ਕ੍ਰੋਧ ਤ੍ਰਿਸਨਾ ਅਤਿ ਜਰੈ॥		Kaam Krodhh Thrisanaa Ath Jarai ||	He burns in tremendous sexual desire, unresolved anger and desire.	(ਮੂਰਖ ਮਨੁੱਖ) ਕਾਮ ਕ੍ਰੋਧ ਅਤੇ ਤ੍ਰਿਸ਼ਨਾ ਵਿਚ ਬਹੁਤ ਖਿੱਝਦਾ ਹੈ,
53882	1252	ਸਾਧਸੰਗਤਿ ਕਬਹੂ ਨਹੀ ਕਰੈ॥		Saadhhasangath Kabehoo Nehee Karai ||	He never joins the Saadh Sangat, the Company of the Holy.	ਕਦੇ ਭੀ ਸਾਧ-ਸੰਗਤ ਵਿਚ ਨਹੀਂ ਬੈਠਦਾ।
53883	1252	ਕਹਤ ਨਾਮਦੇਉ ਤਾ ਚੀ ਆਣਿ॥		Kehath Naamadhaeo Thaa Chee Aan ||	Says Naam Dayv, seek God's Shelter;	ਨਾਮਦੇਵ ਆਖਦਾ ਹੈ ਕਿ ਉਸ (ਪ੍ਰਭੂ) ਦੀ ਓਟ (ਲੈ),

53884	1252	ਨਿਰਭੈ ਹੋਇ ਭਜੀਐ ਭਗਵਾਨ॥੪॥੧॥	ਭਜੀਐ: ਪੋਲਾ ਬੋਲੋ	Nirabhai Hoe Bhajeeai Bhagavaan ||4||1||	Be fearless, and vibrate on the Lord God. ||4||1||	(ਜੋ ਸਦਾ ਤੇਰੇ ਨਾਲ ਨਿੱਭਣ ਵਾਲਾ ਹੈ) ਨਿਡਰ ਹੋ ਕੇ ਭਗਵਾਨ ਦਾ ਸਿਮਰਨ ਕਰਨਾ ਚਾਹੀਦਾ ਹੈ ॥੪॥੧॥
53885	1252	ਬਦਹੁ ਕੀ ਨ ਹੋਡ ਮਾਧਉ ਮੋ ਸਿਉ॥	(ਬਦਹੁ) ਬੰਨ੍ਹ ਕਿਉਂ ਨਹੀਂ ਲੈਂਦੇ? (ਹੋਡ) ਸ਼ਰਤ। (ਦੂਜਾ ਪਾਠ: ਬਦਹੁ ਕੀਨ)	Badhahu Kee N Hodd Maadhho Mo Sio ||	Why not make a bet with me, O Lord of Wealth?	ਹੇ ਮਾਧੋ! ਮੇਰੇ ਨਾਲ ਵਿਚਾਰ ਕਰ ਕੇ ਵੇਖ ਲੈ (ਇਹ ਗੱਲ ਸੱਚੀ ਹੈ ਕਿ)
53886	1252	ਠਾਕੁਰ ਤੇ ਜਨੁ ਜਨ ਤੇ ਠਾਕੁਰੁ ਖੇਲੁ ਪਰਿਓ ਹੈ ਤੋ ਸਿਉ॥੧॥ਰਹਾਉ॥		Thaakur Thae Jan Jan Thae Thaakur Khael Pariou Hai Tho Sio ||1|| Rehaao ||	From the master comes the servant, and from the servant, comes the master. This is the game I play with You. ||1||Pause||	ਇਹ ਜਗਤ-ਖੇਡ ਤੇਰੀ ਤੇ ਸਾਡੀ ਜੀਵਾਂ ਦੀ ਸਾਂਝੀ ਖੇਡ ਹੈ, (ਕਿਉਂਕਿ) ਮਾਲਕ ਤੋਂ ਸੇਵਕ ਤੇ ਸੇਵਕ ਤੋਂ ਮਾਲਕ (ਦੀ ਪੀੜ੍ਹੀ ਚਲਦੀ ਹੈ, ਭਾਵ, ਜੇ ਮਾਲਕ ਹੋਵੇ ਤਾਂ ਹੀ ਉਸ ਦਾ ਕੋਈ ਸੇਵਕ ਬਣ ਸਕਦਾ ਹੈ, ਤੇ ਜੇ ਸੇਵਕ ਹੋਵੇ ਤਾਂ ਹੀ ਉਸ ਦਾ ਕੋਈ ਮਾਲਕ ਅਖਵਾ ਸਕੇਗਾ। ਸੋ, ਮਾਲਕ-ਪ੍ਰਭੂ ਅਤੇ ਸੇਵਕ ਦੀ ਹਸਤੀ ਸਾਂਝੀ ਹੈ) ॥੧॥ ਰਹਾਉ ॥
53887	1252	ਆਪਨ ਦੇਉ ਦੇਹੁਰਾ ਆਪਨ ਆਪ ਲਗਾਵੈ ਪੂਜਾ॥		Aapan Dhaeo Dhaehuraa Aapan Aap Lagaavai Poojaa ||	You Yourself are the deity, and You are the temple of worship. You are the devoted worshipper.	ਹੇ ਮਾਧੋ! ਤੂੰ ਆਪ ਹੀ ਦੇਵਤਾ ਹੈਂ, ਆਪ ਹੀ ਮੰਦਰ ਹੈਂ, ਤੂੰ ਆਪ ਹੀ (ਜੀਵਾਂ ਨੂੰ ਆਪਣੀ) ਪੂਜਾ ਵਿਚ ਲਗਾਉਂਦਾ ਹੈਂ।

53888	1252	ਜਲ ਤੇ ਤਰੰਗ ਤਰੰਗ ਤੇ ਹੈ ਜਲੁ ਕਹਨ ਸੁਨਨ ਕਉ ਦੂਜਾ॥੧॥		Jal Thae Tharang Tharang Thae Hai Jal Kehan Sunan Ko Dhoojaa ||1||	From the water, the waves rise up, and from the waves, the water. They are only different by figures of speech. ||1||	ਪਾਣੀ ਤੋਂ ਲਹਿਰਾਂ (ਉਠਦੀਆਂ ਹਨ), ਲਹਿਰਾਂ (ਦੇ ਮਿਲਣ) ਤੋਂ ਪਾਣੀ (ਦੀ ਹਸਤੀ) ਹੈ, ਇਹ ਸਿਰਫ਼ ਆਖਣ ਨੂੰ ਤੇ ਸੁਣਨ ਨੂੰ ਹੀ ਵੱਖੋ-ਵੱਖ ਹਨ (ਭਾਵ, ਇਹ ਸਿਰਫ਼ ਕਹਿਣ-ਮਾਤ੍ਰ ਗੱਲ ਹੈ ਕਿ ਇਹ ਪਾਣੀ ਹੈ, ਤੇ ਇਹ ਲਹਿਰਾਂ ਹਨ) ॥੧॥
53889	1252	ਆਪਹਿ ਗਾਵੈ ਆਪਹਿ ਨਾਚੈ ਆਪ ਬਜਾਵੈ ਤੂਰਾ॥		Aapehi Gaavai Aapehi Naachai Aap Bajaavai Thooraa ||	You Yourself sing, and You Yourself dance. You Yourself blow the bugle.	(ਹੇ ਮਾਧੋ!) ਤੂੰ ਆਪ ਹੀ ਗਾਂਦਾ ਹੈਂ, ਤੂੰ ਆਪ ਹੀ ਨੱਚਦਾ ਹੈਂ, ਤੂੰ ਆਪ ਹੀ ਵਾਜਾ ਵਜਾਉਂਦਾ ਹੈਂ।
53890	1252	ਕਹਤ ਨਾਮਦੇਉ ਤੂੰ ਮੇਰੋ ਠਾਕੁਰੁ ਜਨੁ ਊਰਾ ਤੂ ਪੂਰਾ॥੨॥੨॥		Kehath Naamadhaeo Thoon Maero Thaakur Jan Ooraa Thoo Pooraa ||2||2||	Says Naam Dayv, You are my Lord and Master. Your humble servant is imperfect; You are perfect. ||2||2||	ਨਾਮਦੇਵ ਆਖਦਾ ਹੈ ਕਿ ਹੇ ਮਾਧੋ! ਤੂੰ ਮੇਰਾ ਮਾਲਕ ਹੈਂ, (ਇਹ ਠੀਕ ਹੈ ਕਿ ਮੈਂ) ਤੇਰਾ ਦਾਸ (ਤੈਥੋਂ ਬਹੁਤ) ਛੋਟਾ ਹਾਂ ਅਤੇ ਤੂੰ ਮੁਕੰਮਲ ਹੈਂ (ਪਰ ਜੇ ਦਾਸ ਨਾ ਹੋਵੇ ਤਾਂ ਤੂੰ ਮਾਲਕ ਕਿਵੇਂ ਅਖਵਾਏਂ? ਸੋ, ਮੈਨੂੰ ਆਪਣਾ ਸੇਵਕ ਬਣਾਈ ਰੱਖ) ॥੨॥੨॥
53891	1252	ਦਾਸ ਅਨਿੰਨ ਮੇਰੋ ਨਿਜ ਰੂਪ॥	ਅ-ਨਿੰਨ	Dhaas Aninn Maero Nij Roop ||	Says God: my slave is devoted only to me; he is in my very image.	ਜੋ (ਮੇਰਾ) ਦਾਸ ਮੈਥੋਂ ਬਿਨਾ ਕਿਸੇ ਹੋਰ ਨਾਲ ਪਿਆਰ ਨਹੀਂ ਕਰਦਾ, ਉਹ ਮੇਰਾ ਆਪਣਾ ਸਰੂਪ ਹੈ;

53892	1252	ਦਰਸਨ ਨਿਮਖ ਤਾਪ ਤ੍ਰਈ ਮੋਚਨ ਪਰਸਤ ਮੁਕਤਿ ਕਰਤ ਗ੍ਰਿਹ ਕੂਪ॥੧॥ਰਹਾਉ॥		Dharasan Nimakh Thaap Three Mochan Parasath Mukath Karath Grih Koop ||1|| Rehaao ||	The sight of him, even for an instant, cures the three fevers; his touch brings liberation from the deep dark pit of household affairs. ||1||Pause||	ਉਸ ਦਾ ਇਕ ਪਲ ਭਰ ਦਾ ਦਰਸ਼ਨ ਤਿੰਨੇ ਹੀ ਤਾਪ ਦੂਰ ਕਰ ਦੇਂਦਾ ਹੈ, ਉਸ (ਦੇ ਚਰਨਾਂ) ਦੀ ਛੋਹ ਗ੍ਰਿਹਸਤ ਦੇ ਜੰਜਾਲ-ਰੂਪ ਖੂਹ ਵਿਚੋਂ ਕੱਢ ਲੈਂਦੀ ਹੈ ॥੧॥ ਰਹਾਉ ॥
53893	1252	ਮੇਰੀ ਬਾਂਧੀ ਭਗਤੁ ਛਡਾਵੈ ਬਾਂਧੈ ਭਗਤੁ ਨ ਛੂਟੈ ਮੋਹਿ॥		Maeree Baandhhee Bhagath Shhaddaavai Baandhhai Bhagath N Shhoottai Mohi ||	The devotee can release anyone from my bondage, but I cannot release anyone from his.	ਮੇਰੀ ਬੱਧੀ ਹੋਈ (ਮੋਹ ਦੀ) ਗੰਢ ਨੂੰ ਮੇਰਾ ਭਗਤ ਖੋਲ੍ਹ ਲੈਂਦਾ ਹੈ, ਪਰ ਜਦੋਂ ਮੇਰਾ ਭਗਤ (ਮੇਰੇ ਨਾਲ ਪ੍ਰੇਮ ਦੀ ਗੰਢ) ਬੰਨ੍ਹਦਾ ਹੈ ਉਹ ਮੈਥੋਂ ਖੁਲ੍ਹ ਨਹੀਂ ਸਕਦੀ।
53894	1253	ਏਕ ਸਮੈ ਮੋਕਉ ਗਹਿ ਬਾਂਧੈ ਤਉ ਫੁਨਿ ਮੋ ਪੈ ਜਬਾਬੁ ਨ ਹੋਇ॥੧॥		Eaek Samai Mo Ko Gehi Baandhhai Tho Fun Mo Pai Jabaab N Hoe ||1||	If, at any time, he grabs and binds me, even then, I cannot protest. ||1||	ਜੇ ਮੇਰਾ ਭਗਤ ਇਕ ਵਾਰੀ ਮੈਨੂੰ ਫੜ ਕੇ ਬੰਨ੍ਹ ਲਏ, ਤਾਂ ਮੈਂ ਅੱਗੋਂ ਕੋਈ ਉਜ਼ਰ ਨਹੀਂ ਕਰ ਸਕਦਾ ॥੧॥

53895	1253	ਮੈ ਗੁਨ ਬੰਧ ਸਗਲ ਕੀ ਜੀਵਨਿ ਮੇਰੀ ਜੀਵਨਿ ਮੇਰੇ ਦਾਸ॥		Mai Gun Bandhh Sagal Kee Jeevan Maeree Jeevan Maerae Dhaas ||	I am bound by virtue; I am the Life of all. My slaves are my very life.	ਮੈਂ (ਆਪਣੇ ਭਗਤ ਦੇ) ਗੁਣਾਂ ਦਾ ਬੱਝਾ ਹੋਇਆ ਹਾਂ; ਮੈਂ ਸਾਰੇ ਜਗਤ ਦੇ ਜੀਆਂ ਦੀ ਜ਼ਿੰਦਗੀ (ਦਾ ਆਸਰਾ) ਹਾਂ, ਪਰ ਮੇਰੇ ਭਗਤ ਮੇਰੀ ਜ਼ਿੰਦਗੀ (ਦਾ ਆਸਰਾ) ਹਨ।
53896	1253	ਨਾਮਦੇਵ ਜਾ ਕੇ ਜੀਅ ਐਸੀ ਤੈਸੋ ਤਾ ਕੈ ਪ੍ਰੇਮ ਪ੍ਰਗਾਸ॥੨॥੩॥		Naamadhaev Jaa Kae Jeea Aisee Thaiso Thaa Kai Praem Pragaas ||2||3||	Says Naam Dayv, as is the quality of his soul, so is my love which illuminates him. ||2||3||	ਹੇ ਨਾਮਦੇਵ! ਜਿਸ ਦੇ ਮਨ ਵਿਚ ਇਹ ਉੱਚੀ ਸੋਚ ਫੁਰ ਪਈ ਹੈ, ਉਸ ਦੇ ਅੰਦਰ ਮੇਰੇ ਪਿਆਰ ਦਾ ਪਰਕਾਸ਼ ਭੀ ਉਤਨਾ ਹੀ ਵੱਡਾ (ਭਾਵ, ਬਹੁਤ ਵਧੀਕ) ਹੋ ਜਾਂਦਾ ਹੈ ॥੨॥੩॥
53897	1253	ਸਾਰੰਗ॥		Saarang ||	Saarang:	ਰਾਗ ਸਾਰੰਗ।
53898	1253	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
53899	1253	ਤੈ ਨਰ ਕਿਆ ਪੁਰਾਨ ਸੁਨਿ ਕੀਨਾ॥		Thai Nar Kiaa Puraan Sun Keenaa ||	So what have you accomplished by listening to the Puraanas?	ਪੁਰਾਣ ਆਦਿਕ ਧਰਮ ਪੁਸਤਕਾਂ ਸੁਣ ਕੇ ਤੂੰ ਖੱਟਿਆ ਤਾਂ ਕੁਝ ਭੀ ਨਹੀਂ;

53900	1253	ਅਨਪਾਵਨੀ ਭਗਤਿ ਨਹੀ ਉਪਜੀ ਭੂਖੈ ਦਾਨੁ ਨ ਦੀਨਾ॥੧॥ਰਹਾਉ॥	(ਅਨਪਾਵਨੀ) ਅਚੱਲ ਬ੍ਰਹਮ। (ਅਚੱਲ) ਦ੍ਰਿੜ ਪ੍ਰਪੱਕ	Anapaavanee Bhagath Nehee Oupajee Bhookhai Dhaan N Dheenaa ||1|| Rehaao ||	Faithful devotion has not welled up within you, and you have not been inspired to give to the hungry. ||1||Pause||	ਤੇਰੇ ਅੰਦਰ ਨਾਹ ਤਾਂ ਪ੍ਰਭੂ ਦੀ ਅਟੱਲ ਭਗਤੀ ਪੈਦਾ ਹੋਈ ਤੇ ਨਾਹ ਹੀ ਤੂੰ ਕਿਸੇ ਲੋੜਵੰਦ ਦੀ ਸੇਵਾ ਕੀਤੀ ॥੧॥ ਰਹਾਉ ॥
53901	1253	ਕਾਮੁ ਨ ਬਿਸਰਿਓ ਕ੍ਰੋਧੁ ਨ ਬਿਸਰਿਓ ਲੋਭੁ ਨ ਛੂਟਿਓ ਦੇਵਾ॥		Kaam N Bisariou Krodhh N Bisariou Lobh N Shhoottiou Dhaevaa ||	You have not forgotten sexual desire, and you have not forgotten anger; greed has not left you either.	ਹੇ ਦੇਵ! (ਧਰਮ ਪੁਸਤਕ ਸੁਣ ਕੇ ਭੀ) ਨਾਹ ਕਾਮ ਗਿਆ, ਨਾਹ ਕ੍ਰੋਧ ਗਿਆ, ਨਾਹ ਲੋਭ ਮੁੱਕਾ,
53902	1253	ਪਰ ਨਿੰਦਾ ਮੁਖ ਤੇ ਨਹੀ ਛੂਟੀ ਨਿਫਲ ਭਈ ਸਭ ਸੇਵਾ॥੧॥		Par Nindhaa Mukh Thae Nehee Shhoottee Nifal Bhee Sabh Saevaa ||1||	Your mouth has not stopped slandering and gossiping about others. Your service is useless and fruitless. ||1||	ਨਾਹ ਮੂੰਹੋਂ ਪਰਾਈ ਨਿੰਦਿਆ (ਕਰਨ ਦੀ ਆਦਤ) ਹੀ ਗਈ, (ਪੁਰਾਣ ਆਦਿਕ ਪੜ੍ਹਨ ਦੀ) ਸਾਰੀ ਮਿਹਨਤ ਹੀ ਐਵੇਂ ਗਈ ॥੧॥
53903	1253	ਬਾਟ ਪਾਰਿ ਘਰੁ ਮੂਸਿ ਬਿਰਾਨੋ ਪੇਟੁ ਭਰੈ ਅਪ੍ਰਾਧੀ॥		Baatt Paar Ghar Moos Biraano Paett Bharai Apraadhhee ||	By breaking into the houses of others and robbing them, you fill your belly, you sinner.	(ਪੁਰਾਣ ਆਦਿਕ ਸੁਣ ਕੇ ਭੀ) ਪਾਪੀ ਮਨੁੱਖ ਡਾਕੇ ਮਾਰ ਮਾਰ ਕੇ ਪਰਾਏ ਘਰ ਲੁੱਟ ਲੁੱਟ ਕੇ ਹੀ ਆਪਣਾ ਢਿੱਡ ਭਰਦਾ ਰਿਹਾ,

53904	1253	ਜਿਹਿ ਪਰਲੋਕ ਜਾਇ ਅਪਕੀਰਤਿ ਸੋਈ ਅਬਿਦਿਆ ਸਾਧੀ॥੨॥	(ਅਪ-ਕੀਰਤਿ) ਬਦਨਾਮੀ। (ਸੱਾਧੀ) ਭੈੜੀ ਕਰਨੀ ਕੀਤੀ। ਅ-ਬਿੱਦਿਆ	Jihi Paralok Jaae Apakeerath Soee Abidhiaa Saadhhee ||2||	But when you go to the world beyond, your guilt will be well known, by the acts of ignorance which you committed. ||2||	ਤੇ (ਸਾਰੀ ਉਮਰ) ਉਹੀ ਮੂਰਖਤਾ ਕਰਦਾ ਰਿਹਾ ਜਿਸ ਨਾਲ ਅਗਲੇ ਜਹਾਨ ਵਿਚ ਭੀ ਬਦਨਾਮੀ (ਦਾ ਟਿੱਕਾ) ਹੀ ਮਿਲੇ ॥੨॥
53905	1253	ਹਿੰਸਾ ਤਉ ਮਨ ਤੇ ਨਹੀ ਛੂਟੀ ਜੀਅ ਦਇਆ ਨਹੀ ਪਾਲੀ॥		Hinsaa Tho Man Thae Nehee Shhoottee Jeea Dhaeiaa Nehee Paalee ||	Cruelty has not left your mind; you have not cherished kindness for other living beings.	(ਧਰਮ ਪੁਸਤਕ ਸੁਣ ਕੇ ਭੀ) ਤੇਰੇ ਮਨ ਵਿਚੋਂ ਨਿਰਦਇਤਾ ਨਾਹ ਗਈ, ਤੂੰ ਲੋਕਾਂ ਨਾਲ ਪਿਆਰ ਦਾ ਸਲੂਕ ਨਾਹ ਕੀਤਾ,
53906	1253	ਪਰਮਾਨੰਦ ਸਾਧਸੰਗਤਿ ਮਿਲਿ ਕਥਾ ਪੁਨੀਤ ਨ ਚਾਲੀ॥੩॥੧॥੬॥	ਚੱਾਲੀ	Paramaanandh Saadhhasangath Mil Kathhaa Puneeth N Chaalee ||3||1||6||	Parmaanand has joined the Saadh Sangat, the Company of the Holy. Why have you not followed the sacred teachings? ||3||1||6||	ਹੇ ਪਰਮਾਨੰਦ! ਸਤਸੰਗ ਵਿਚ ਬੈਠ ਕੇ ਤੂੰ ਕਦੇ ਪ੍ਰਭੂ ਦੀਆਂ ਪਵਿੱਤਰ (ਕਰਨ ਵਾਲੀਆਂ) ਗੱਲਾਂ ਨਾਹ ਚਲਾਈਆਂ (ਭਾਵ, ਜੇ ਤੈਨੂੰ ਸਤਸੰਗ ਕਰਨ ਦਾ ਸ਼ੌਕ ਨਾਹ ਪਿਆ ਤਾਂ ਪੁਰਾਣ ਆਦਿਕ ਧਰਮ ਪੁਸਤਕਾਂ ਦਾ ਸੁਣਨਾ ਵਿਅਰਥ ਹੀ ਗਿਆ) ॥੩॥੧॥੬॥
53907	1253	ਛਾਡਿ ਮਨ ਹਰਿ ਬਿਮੁਖਨ ਕੋ ਸੰਗੁ॥		Shhaadd Man Har Bimukhan Ko Sang ||	O mind, do not even associate with those who have turned their backs on the Lord.	ਹੇ (ਮੇਰੇ) ਮਨ! ਉਹਨਾਂ ਬੰਦਿਆਂ ਦਾ ਸਾਥ ਛੱਡ ਦੇਹ, ਜੋ ਪਰਮਾਤਮਾ ਵਲੋਂ ਬੇ-ਮੁਖ ਹਨ।

53908	1253	ਸਾਰੰਗ ਮਹਲਾ ੫ ਸੂਰਦਾਸ॥		Saarang Mehalaa 5 Sooradhaas ||	Saarang, Fifth Mehl, Sur Daas:	ਰਾਗ ਸਾਰੰਗ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ, ਭਗਤ ਸੂਰਦਾਸ ਦੇ ਸਿਰਲੇਖ ਹੇਠ।
53909	1253	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
53910	1253	ਹਰਿ ਕੇ ਸੰਗ ਬਸੇ ਹਰਿ ਲੋਕ॥		Har Kae Sang Basae Har Lok ||	The people of the Lord dwell with the Lord.	(ਹੇ ਸੂਰਦਾਸ!) ਪਰਮਾਤਮਾ ਦੀ ਬੰਦਗੀ ਕਰਨ ਵਾਲੇ ਬੰਦੇ (ਸਦਾ) ਪਰਮਾਤਮਾ ਦੇ ਨਾਲ ਵੱਸਦੇ ਹਨ (ਇਸ ਤਰ੍ਹਾਂ ਸਹਿਜ ਸੁਭਾਇ ਬੇ-ਮੁਖਾਂ ਨਾਲੋਂ ਉਹਨਾਂ ਦਾ ਸਾਥ ਛੁੱਟ ਜਾਂਦਾ ਹੈ);
53911	1253	ਤਨੁ ਮਨੁ ਅਰਪਿ ਸਰਬਸੁ ਸਭੁ ਅਰਪਿਓ ਅਨਦ ਸਹਜ ਧੁਨਿ ਝੋਕ॥੧॥ਰਹਾਉ॥		Than Man Arap Sarabas Sabh Arapiou Anadh Sehaj Dhhun Jhok ||1|| Rehaao ||	They dedicate their minds and bodies to Him; they dedicate everything to Him. They are intoxicated with the celestial melody of intuitive ecstasy. ||1||Pause||	ਉਹ ਆਪਣਾ ਤਨ ਮਨ ਆਪਣਾ ਸਭ ਕੁਝ (ਇਸ ਪਿਆਰ ਤੋਂ) ਸਦਕੇ ਕਰ ਦੇਂਦੇ ਹਨ, ਉਹਨਾਂ ਨੂੰ ਆਨੰਦ ਦੇ ਹੁਲਾਰੇ ਆਉਂਦੇ ਹਨ, ਸਹਿਜ ਅਵਸਥਾ ਦੀ ਤਾਰ (ਉਹਨਾਂ ਦੇ ਅੰਦਰ ਬੱਝ ਜਾਂਦੀ ਹੈ) ॥੧॥ ਰਹਾਉ ॥

53912	1253	ਦਰਸਨੁ ਪੇਖਿ ਭਏ ਨਿਰਬਿਖਈ ਪਾਏ ਹੈ ਸਗਲੇ ਥੋਕ॥	(ਨਿਰ-ਬਿਖਈ) ਵਿਸ਼ੇ ਰਹਿਤ	Dharasan Paekh Bheae Nirabikhee Paaeae Hai Sagalae Thhok ||	Gazing upon the Blessed Vision of the Lord's Darshan, they are cleansed of corruption. They obtain absolutely everything.	(ਹੇ ਸੂਰਦਾਸ!) ਭਗਤੀ ਕਰਨ ਵਾਲੇ ਬੰਦੇ ਪ੍ਰਭੂ ਦਾ ਦੀਦਾਰ ਕਰ ਕੇ ਵਿਸ਼ੇ ਵਿਕਾਰਾਂ ਤੋਂ ਬਚ ਜਾਂਦੇ ਹਨ, ਉਹਨਾਂ ਨੂੰ ਸਾਰੇ ਪਦਾਰਥ ਮਿਲ ਜਾਂਦੇ ਹਨ (ਭਾਵ, ਉਹਨਾਂ ਦੀਆਂ ਵਾਸ਼ਨਾਂ ਮੁੱਕ ਜਾਂਦੀਆਂ ਹਨ);
53913	1253	ਆਨ ਬਸਤੁ ਸਿਉ ਕਾਜੁ ਨ ਕਛੂਐ ਸੁੰਦਰ ਬਦਨ ਅਲੋਕ॥੧॥		Aan Basath Sio Kaaj N Kashhooai Sundhar Badhan Alok ||1||	They have nothing to do with anything else; they gaze on the beauteous Face of God. ||1||	ਪ੍ਰਭੂ ਦੇ ਸੋਹਣੇ ਮੁਖ ਦਾ ਦੀਦਾਰ ਕਰ ਕੇ ਉਹਨਾਂ ਨੂੰ ਦੁਨੀਆ ਦੀ ਕਿਸੇ ਹੋਰ ਸ਼ੈ ਦੀ ਕੋਈ ਗ਼ਰਜ਼ ਨਹੀਂ ਰਹਿ ਜਾਂਦੀ ॥੧॥
53914	1253	ਸਿਆਮ ਸੁੰਦਰ ਤਜਿ ਆਨ ਜੁ ਚਾਹਤ ਜਿਉ ਕੁਸਟੀ ਤਨਿ ਜੋਕ॥		Siaam Sundhar Thaj Aan J Chaahath Jio Kusattee Than Jok ||	But one who forsakes the elegantly beautiful Lord, and harbors desire for anything else, is like a leech on the body of a leper.	ਜੋ ਮਨੁੱਖ ਸੋਹਣੇ ਸਾਂਵਲੇ ਸੱਜਣ (ਪ੍ਰਭੂ) ਨੂੰ ਵਿਸਾਰ ਕੇ ਹੋਰ ਹੋਰ ਪਦਾਰਥਾਂ ਦੀ ਲਾਲਸਾ ਕਰਦੇ ਹਨ, ਉਹ ਉਸ ਜੋਕ ਵਾਂਗ ਹਨ, ਜੋ ਕਿਸੇ ਕੋਹੜੀ ਦੇ ਸਰੀਰ ਤੇ (ਲੱਗ ਕੇ ਗੰਦ ਹੀ ਚੂਸਦੀ ਹੈ)।
53915	1253	ਸੂਰਦਾਸ ਮਨੁ ਪ੍ਰਭਿ ਹਥਿ ਲੀਨੋ ਦੀਨੋ ਇਹੁ ਪਰਲੋਕ॥੨॥੧॥੮॥		Sooradhaas Man Prabh Hathh Leeno Dheeno Eihu Paralok ||2||1||8||	Says Sur Daas, God has taken my mind in His Hands. He has blessed me with the world beyond. ||2||1||8||	ਪਰ, ਹੇ ਸੂਰਦਾਸ! ਜਿਨ੍ਹਾਂ ਦਾ ਮਨ ਪ੍ਰਭੂ ਨੇ ਆਪ ਆਪਣੇ ਹੱਥ ਵਿਚ ਲੈ ਲਿਆ ਹੈ ਉਹਨਾਂ ਨੂੰ ਉਸ ਨੇ ਇਹ ਲੋਕ ਤੇ ਪਰਲੋਕ ਦੋਵੇਂ ਬਖ਼ਸ਼ੇ ਹਨ (ਭਾਵ, ਉਹ ਲੋਕ ਪਰਲੋਕ ਦੋਹੀਂ ਥਾਈਂ ਆਨੰਦ ਵਿਚ ਰਹਿੰਦੇ ਹਨ) ॥੨॥੧॥੮॥

53916	1253	ਸਾਰੰਗ ਕਬੀਰ ਜੀਉ॥		Saarang Kabeer Jeeo ||	Saarang, Kabeer Jee:	ਰਾਗ ਸਾਰੰਗ ਵਿੱਚ ਭਗਤ ਕਬੀਰ ਜੀ ਦੀ ਬਾਣੀ।
53917	1253	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
53918	1253	ਹਰਿ ਬਿਨੁ ਕਉਨੁ ਸਹਾਈ ਮਨ ਕਾ॥		Har Bin Koun Sehaaee Man Kaa ||	Other than the Lord, who is the Help and Support of the mind?	ਪਰਮਾਤਮਾ ਤੋਂ ਬਿਨਾ ਕੋਈ ਹੋਰ ਇਸ ਮਨ ਦੀ ਸਹਾਇਤਾ ਕਰਨ ਵਾਲਾ ਨਹੀਂ ਹੋ ਸਕਦਾ।
53919	1253	ਮਾਤ ਪਿਤਾ ਭਾਈ ਸੁਤ ਬਨਿਤਾ ਹਿਤੁ ਲਾਗੋ ਸਭ ਫਨਕਾ॥੧॥ਰਹਾਉ॥	(ਫਨਕਾ) ਨਾਸ ਰੂਪ	Maath Pithaa Bhaaee Suth Banithaa Hith Laago Sabh Fan Kaa ||1|| Rehaao ||	Love and attachment to mother, father, sibling, child and spouse, is all just an illusion. ||1||Pause||	ਮਾਂ, ਪਿਉ, ਭਰਾ, ਪੁੱਤਰ, ਵਹੁਟੀ- ਇਹਨਾਂ ਸਭਨਾਂ ਨਾਲ ਜੋ ਮੋਹ ਪਾਇਆ ਹੋਇਆ ਹੈ, ਇਹ ਛਲ ਨਾਲ ਹੀ ਮੋਹ ਪਾਇਆ ਹੈ (ਭਾਵ; ਇਹ ਮੋਹ ਅਜਿਹੇ ਪਦਾਰਥਾਂ ਨਾਲ ਹੈ ਜੋ ਛਲ ਹੀ ਹਨ, ਸਦਾ ਨਾਲ ਨਿੱਭਣ ਵਾਲੇ ਨਹੀਂ ਹਨ) ॥੧॥ ਰਹਾਉ ॥
53920	1253	ਆਗੇ ਕਉ ਕਿਛੁ ਤੁਲਹਾ ਬਾਂਧਹੁ ਕਿਆ ਭਰਵਾਸਾ ਧਨ ਕਾ॥		Aagae Ko Kishh Thulehaa Baandhhahu Kiaa Bharavaasaa Dhhan Kaa ||	So build a raft to the world hereafter; what faith do you place in wealth?	ਇਸ ਧਨ ਦਾ (ਜੋ ਤੂੰ ਖੱਟਿਆ ਕਮਾਇਆ ਹੈ) ਕੋਈ ਇਤਬਾਰ ਨਹੀਂ (ਕਿ ਕਦੋਂ ਨਾਸ ਹੋ ਜਾਏ, ਸੋ) ਅਗਾਂਹ ਵਾਸਤੇ ਕੋਈ ਹੋਰ (ਭਾਵ, ਨਾਮ ਧਨ ਦਾ) ਬੇੜਾ ਬੰਨ੍ਹੋ।

53921	1253	ਕਹਾ ਬਿਸਾਸਾ ਇਸ ਭਾਂਡੇ ਕਾ ਇਤਨਕੁ ਲਾਗੈ ਠਨਕਾ॥੧॥	(ਠਨਕਾ) ਠੋਲਾ। ਇਤਨ-ਕੁ	Kehaa Bisaasaa Eis Bhaanddae Kaa Eithanak Laagai Thanakaa ||1||	What confidence do you place in this fragile vessel; it breaks with the slightest stroke. ||1||	(ਧਨ ਤਾਂ ਕਿਤੇ ਰਿਹਾ) ਇਸ ਸਰੀਰ ਦਾ ਭੀ ਕੋਈ ਵਿਸਾਹ ਨਹੀਂ, ਇਸ ਨੂੰ ਰਤਾ ਕੁ ਜਿਤਨੀ ਠੋਕਰ ਲੱਗੇ (ਤਾਂ ਢਹਿ-ਢੇਰੀ ਹੋ ਜਾਂਦਾ ਹੈ) ॥੧॥
53922	1253	ਸਗਲ ਧਰਮ ਪੁੰਨ ਫਲ ਪਾਵਹੁ ਧੂਰਿ ਬਾਂਛਹੁ ਸਭ ਜਨ ਕਾ॥		Sagal Dharam Punn Fal Paavahu Dhhoor Baanshhahu Sabh Jan Kaa ||	You shall obtain the rewards of all righteousness and goodness, if you desire to be the dust of all.	ਹੇ ਸੰਤ ਜਨੋ! (ਜਦ ਮੰਗੋ) ਗੁਰਮੁਖਾਂ (ਦੇ ਚਰਨਾਂ) ਦੀ ਧੂੜ ਮੰਗੋ, (ਇਸੇ ਵਿਚੋਂ) ਸਾਰੇ ਧਰਮਾਂ ਤੇ ਪੁੰਨਾਂ ਦੇ ਫਲ ਮਿਲਣਗੇ।
53923	1253	ਕਹੈ ਕਬੀਰੁ ਸੁਨਹੁ ਰੇ ਸੰਤਹੁ ਇਹੁ ਮਨੁ ਉਡਨ ਪੰਖੇਰੂ ਬਨ ਕਾ॥੨॥੧॥੯॥		Kehai Kabeer Sunahu Rae Santhahu Eihu Man Ouddan Pankhaeroo Ban Kaa ||2||1||9||	Says Kabeer, listen, O Saints: this mind is like the bird, flying above the forest. ||2||1||9||	ਕਬੀਰ ਆਖਦਾ ਹੈ ਕਿ ਹੇ ਸੰਤ ਜਨੋ! ਸੁਣੋ, ਇਹ ਮਨ ਇਉਂ ਹੈ ਜਿਵੇਂ ਜੰਗਲ ਦਾ ਕੋਈ ਉਡਾਰੂ ਪੰਛੀ (ਇਸ ਨੂੰ ਟਿਕਾਣ ਲਈ ਗੁਰਮੁਖਾਂ ਦੀ ਸੰਗਤ ਵਿਚ ਲਿਆਉ) ॥੨॥੧॥੯॥
53924	1254	ਰਾਗੁ ਮਲਾਰ ਚਉਪਦੇ ਮਹਲਾ ੧ ਘਰੁ ੧		Raag Malaar Choupadhae Mehalaa 1 Ghar 1	Raag Malaar, Chau-Padas, First Mehl, First House:	ਰਾਗ ਮਲਾਰ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।

53925	1254	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
53926	1254	ਖਾਣਾ ਪੀਣਾ ਹਸਣਾ ਸਉਣਾ ਵਿਸਰਿ ਗਇਆ ਹੈ ਮਰਣਾ॥	ਹੱਸਣਾ	Khaanaa Peenaa Hasanaa Sounaa Visar Gaeiaa Hai Maranaa ||	Eating, drinking, laughing and sleeping, the mortal forgets about dying.	ਨਿਰਾ ਖਾਣ ਪੀਣ ਹੱਸਣ ਤੇ ਸੌਣ ਦੇ ਆਹਰਾਂ ਵਿਚ ਰਿਹਾਂ (ਜੀਵ ਨੂੰ) ਮੌਤ ਭੁੱਲ ਜਾਂਦੀ ਹੈ,
53927	1254	ਖਸਮੁ ਵਿਸਾਰਿ ਖੁਆਰੀ ਕੀਨੀ ਧ੍ਰਿਗੁ ਜੀਵਣੁ ਨਹੀ ਰਹਣਾ॥੧॥		Khasam Visaar Khuaaree Keenee Dhhrig Jeevan Nehee Rehanaa ||1||	Forgetting his Lord and Master, the mortal is ruined, and his life is cursed. He cannot remain forever. ||1||	(ਮੌਤ ਭੁੱਲਿਆਂ) ਪ੍ਰਭੂ-ਪਤੀ ਨੂੰ ਵਿਸਾਰ ਕੇ ਜੀਵ ਉਹ ਉਹ ਕੰਮ ਕਰਦਾ ਰਹਿੰਦਾ ਹੈ ਜੋ ਇਸ ਦੀ ਖ਼ੁਆਰੀ ਦਾ ਕਾਰਨ ਬਣਦੇ ਹਨ। (ਪ੍ਰਭੂ ਨੂੰ ਵਿਸਾਰ ਕੇ) ਜੀਊਣਾ ਫਿਟਕਾਰ-ਜੋਗ ਹੋ ਜਾਂਦਾ ਹੈ। ਸਦਾ ਇਥੇ ਕਿਸੇ ਟਿਕੇ ਨਹੀਂ ਰਹਿਣਾ (ਫਿਰ ਕਿਉਂ ਨ ਜੀਵਨ ਸੁਚੱਜਾ ਬਣਾਇਆ ਜਾਏ?) ॥੧॥

53928	1254	ਪ੍ਰਾਣੀ ਏਕੋ ਨਾਮੁ ਧਿਆਵਹੁ॥		Praanee Eaeko Naam Dhhiaavahu ||	O mortal, meditate on the One Lord.	ਹੇ ਪ੍ਰਾਣੀ! ਇਕ ਪਰਮਾਤਮਾ ਦਾ ਹੀ ਨਾਮ ਸਿਮਰ।
53929	1254	ਅਪਨੀ ਪਤਿ ਸੇਤੀ ਘਰਿ ਜਾਵਹੁ॥੧॥ਰਹਾਉ॥		Apanee Path Saethee Ghar Jaavahu ||1|| Rehaao ||	You shall go to your true home with honor. ||1 Pause||	(ਸਿਮਰਨ ਦੀ ਬਰਕਤਿ ਨਾਲ) ਤੂੰ ਆਪਣੀ ਇੱਜ਼ਤ ਨਾਲ ਪ੍ਰਭੂ ਦੇ ਚਰਨਾਂ ਵਿਚ ਪਹੁੰਚੇਗਾ ॥੧॥ ਰਹਾਉ ॥
53930	1254	ਤੁਧਨੋ ਸੇਵਹਿ ਤੁਝੁ ਕਿਆ ਦੇਵਹਿ ਮਾਂਗਹਿ ਲੇਵਹਿ ਰਹਹਿ ਨਹੀ॥	ਰਹ-ਹਿ	Thudhhano Saevehi Thujh Kiaa Dhaevehi Maangehi Laevehi Rehehi Nehee ||	Those who serve You - what can they give You? They beg for and receive what cannot remain.	ਹੇ ਪ੍ਰਭੂ! ਜੇਹੜੇ ਬੰਦੇ ਤੈਨੂੰ ਸਿਮਰਦੇ ਹਨ (ਤੇਰਾ ਤਾਂ ਕੁਝ ਨਹੀਂ ਸਵਾਰਦੇ, ਕਿਉਂਕਿ) ਤੈਨੂੰ ਉਹ ਕੁਝ ਭੀ ਦੇ ਨਹੀਂ ਸਕਦੇ (ਸਗੋਂ ਤੈਥੋਂ) ਮੰਗਦੇ ਹੀ ਮੰਗਦੇ ਹਨ, ਤੇ ਤੈਥੋਂ ਦਾਤਾਂ ਨਿੱਤ ਲੈਂਦੇ ਹੀ ਰਹਿੰਦੇ ਹਨ, ਤੇਰੇ ਦਰ ਤੋਂ ਮੰਗਣੋਂ ਬਿਨਾ ਰਹਿ ਨਹੀਂ ਸਕਦੇ।
53931	1254	ਤੂ ਦਾਤਾ ਜੀਆ ਸਭਨਾ ਕਾ ਜੀਆ ਅੰਦਰਿ ਜੀਉ ਤੁਹੀ॥੨॥		Thoo Dhaathaa Jeeaa Sabhanaa Kaa Jeeaa Andhar Jeeo Thuhee ||2||	You are the Great Giver of all souls; You are the Life within all living beings. ||2||	ਤੂੰ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈਂ, ਜੀਵਾਂ ਦੇ ਸਰੀਰਾਂ ਵਿਚ ਜਿੰਦ ਭੀ ਤੂੰ ਆਪ ਹੀ ਹੈਂ ॥੨॥

53932	1254	ਗੁਰਮੁਖਿ ਧਿਆਵਹਿ ਸਿ ਅੰਮ੍ਰਿਤੁ ਪਾਵਹਿ ਸੇਈ ਸੂਚੇ ਹੋਹੀ॥		Guramukh Dhhiaavehi S Anmrith Paavehi Saeee Soochae Hohee ||	The Gurmukhs meditate, and receive the Ambrosial Nectar; thus they become pure.	ਜੇਹੜੇ ਬੰਦੇ ਗੁਰੂ ਦੀ ਸਰਨ ਪੈ ਕੇ (ਪ੍ਰਭੂ ਦਾ ਨਾਮ) ਜਪਦੇ ਹਨ, ਉਹ (ਆਤਮਕ ਜੀਵਨ ਦੇਣ ਵਾਲਾ) ਨਾਮ-ਅੰਮ੍ਰਿਤ ਹਾਸਲ ਕਰਦੇ ਹਨ, ਉਹੀ ਸੁੱਚੇ ਜੀਵਨ ਵਾਲੇ ਬਣਦੇ ਹਨ।
53933	1254	ਅਹਿ ਨਿਸਿ ਨਾਮੁ ਜਪਹੁ ਰੇ ਪ੍ਰਾਣੀ ਮੈਲੇ ਹਛੇ ਹੋਹੀ॥੩॥		Ahinis Naam Japahu Rae Praanee Mailae Hashhae Hohee ||3||	Day and night, chant the Naam, the Name of the Lord, O mortal. It makes the filthy immacuate. ||3||	(ਤਾਂ ਤੇ) ਹੇ ਪ੍ਰਾਣੀ! ਦਿਨ ਰਾਤ ਪਰਮਾਤਮਾ ਦਾ ਨਾਮ ਜਪੋ। (ਨਾਮ ਜਪ ਕੇ) ਭੈੜੇ ਆਚਰਨ ਵਾਲੇ ਬੰਦੇ ਭੀ ਚੰਗੇ ਬਣ ਜਾਂਦੇ ਹਨ ॥੩॥
53934	1254	ਜੇਹੀ ਰੁਤਿ ਕਾਇਆ ਸੁਖੁ ਤੇਹਾ ਤੇਹੋ ਜੇਹੀ ਦੇਹੀ॥		Jaehee Ruth Kaaeiaa Sukh Thaehaa Thaeho Jaehee Dhaehee ||	As is the season, so is the comfort of the body, and so is the body itself.	(ਇਨਸਾਨੀ ਜੀਵਨ ਵਾਸਤੇ ਦੋ ਹੀ ਰੁਤਾਂ ਹਨ-ਸਿਮਰਨ ਅਤੇ ਨਾਮ-ਹੀਨਤਾ, ਇਹਨਾਂ ਵਿਚੋਂ) ਜੇਹੜੀ ਰੁੱਤ ਦੇ ਪ੍ਰਭਾਵ ਹੇਠ ਮਨੁੱਖ ਜੀਵਨ ਗੁਜ਼ਾਰਦਾ ਹੈ, ਇਸ ਦੇ ਸਰੀਰ ਨੂੰ ਉਹੋ ਜਿਹਾ ਹੀ ਸੁਖ (ਜਾਂ ਦੁਖ) ਮਿਲਦਾ ਹੈ, ਉਸੇ ਪ੍ਰਭਾਵ ਅਨੁਸਾਰ ਹੀ ਇਸ ਦਾ ਸਰੀਰ ਢਲਦਾ ਰਹਿੰਦਾ ਹੈ (ਇਸ ਦੇ ਗਿਆਨ-ਇੰਦ੍ਰੇ ਢਲਦੇ ਰਹਿੰਦੇ ਹਨ)।

53935	1254	ਨਾਨਕ ਰੁਤਿ ਸੁਹਾਵੀ ਸਾਈ ਬਿਨੁ ਨਾਵੈ ਰੁਤਿ ਕੇਹੀ॥੪॥੧॥		Naanak Ruth Suhaavee Saaee Bin Naavai Ruth Kaehee ||4||1||	O Nanak, that season is beautiful; without the Name, what season is it? ||4||1||	ਹੇ ਨਾਨਕ! ਮਨੁੱਖ ਵਾਸਤੇ ਉਹੀ ਰੁੱਤ ਸੋਹਣੀ ਹੈ (ਜਦੋਂ ਇਹ ਨਾਮ ਸਿਮਰਦਾ ਹੈ)। ਨਾਮ ਸਿਮਰਨ ਤੋਂ ਬਿਨਾ (ਕੁਦਰਤਿ ਦੀ ਬਦਲਦੀ ਕੋਈ ਭੀ) ਰੁੱਤ ਇਸ ਨੂੰ ਲਾਭ ਨਹੀਂ ਦੇ ਸਕਦੀ ॥੪॥੧॥
53936	1254	ਮਲਾਰ ਮਹਲਾ ੧॥		Malaar Mehalaa 1 ||	Malaar, First Mehl:	
53937	1254	ਕਰਉ ਬਿਨਉ ਗੁਰ ਅਪਨੇ ਪ੍ਰੀਤਮ ਹਰਿ ਵਰੁ ਆਣਿ ਮਿਲਾਵੈ॥		Karo Bino Gur Apanae Preetham Har Var Aan Milaavai ||	I offer prayers to my Beloved Guru, that He may unite me with my Husband Lord.	ਮੈਂ ਆਪਣੇ ਗੁਰੂ ਪ੍ਰੀਤਮ ਅੱਗੇ ਬੇਨਤੀ ਕਰਦੀ ਹਾਂ, (ਗੁਰੂ ਹੀ) ਪਤੀ-ਪ੍ਰਭੂ ਨੂੰ ਲਿਆ ਕੇ ਮਿਲਾ ਸਕਦਾ ਹੈ।
53938	1254	ਸੁਣਿ ਘਨ ਘੋਰ ਸੀਤਲੁ ਮਨੁ ਮੋਰਾ ਲਾਲ ਰਤੀ ਗੁਣ ਗਾਵੈ॥੧॥	ਰੱਤੀ	Sun Ghan Ghor Seethal Man Moraa Laal Rathee Gun Gaavai ||1||	I hear the thunder in the clouds, and my mind is cooled and soothed; imbued with the Love of my Dear Beloved, I sing His Glorious Praises. ||1||	(ਜਿਵੇਂ ਵਰਖਾ ਰੁੱਤੇ ਬੱਦਲਾਂ ਦੀ ਗਰਜ ਸੁਣ ਕੇ ਮੋਰ ਪੈਲਾਂ ਪਾਂਦਾ ਹੈ, ਤਿਵੇਂ) ਗੁਰੂ ਦੇ ਸ਼ਬਦ-ਬੱਦਲਾਂ ਦੀ ਗਰਜ ਸੁਣ ਕੇ ਮੇਰਾ ਮਨ ਠੰਢਾ-ਠਾਰ ਹੁੰਦਾ ਹੈ (ਮਨ ਦੀ ਵਿਕਾਰਾਂ ਦੀ ਤਪਸ਼ ਬੁੱਝ ਜਾਂਦੀ ਹੈ, ਮੇਰੀ ਜਿੰਦ) ਪ੍ਰੀਤਮ-ਪ੍ਰਭੂ ਦੇ ਪਿਆਰ ਵਿਚ ਰੰਗੀਜ ਕੇ ਉਸ ਦੀ ਸਿਫ਼ਤ-ਸਾਲਾਹ ਕਰਦੀ ਹੈ ॥੧॥

53939	1254	ਬਰਸੁ ਘਨਾ ਮੇਰਾ ਮਨੁ ਭੀਨਾ॥		Baras Ghanaa Maeraa Man Bheenaa ||	The rain pours down, and my mind is drenched with His Love.	ਹੇ ਬੱਦਲ! ਵਰਖਾ ਕਰ (ਹੇ ਗੁਰੂ! ਨਾਮ ਦੀ ਵਰਖਾ ਕਰ, ਤਾ ਕਿ) ਮੇਰਾ ਮਨ ਉਸ ਵਿਚ ਭਿੱਜ ਜਾਏ।
53940	1254	ਅੰਮ੍ਰਿਤ ਬੂੰਦ ਸੁਹਾਨੀ ਹੀਅਰੈ ਗੁਰਿ ਮੋਹੀ ਮਨੁ ਹਰਿ ਰਸਿ ਲੀਨਾ॥੧॥ਰਹਾਉ॥		Anmrith Boondh Suhaanee Heearai Gur Mohee Man Har Ras Leenaa ||1|| Rehaao ||	The drop of Ambrosial Nectar pleases my heart; the Guru has fascinated my mind, which is drenched in the sublime essence of the Lord. ||1||Pause||	(ਜਿਸ ਸੁਭਾਗ ਜੀਵ-ਇਸਤ੍ਰੀ ਨੂੰ) ਗੁਰੂ ਨੇ ਆਪਣੇ ਪਿਆਰ-ਵੱਸ ਕਰ ਲਿਆ; ਉਸ ਦਾ ਮਨ ਪਰਮਾਤਮਾ ਦੇ ਰਸ ਵਿਚ ਲੀਨ ਰਹਿੰਦਾ ਹੈ, ਉਸ ਦੇ ਹਿਰਦੇ ਵਿਚ ਨਾਮ-ਅੰਮ੍ਰਿਤ ਦੀ ਬੂੰਦ ਠੰਢ ਪਾਂਦੀ ਹੈ (ਸੁਖ ਦੇਂਦੀ ਹੈ) ॥੧॥ ਰਹਾਉ ॥
53941	1254	ਸਹਜਿ ਸੁਖੀ ਵਰ ਕਾਮਣਿ ਪਿਆਰੀ ਜਿਸੁ ਗੁਰ ਬਚਨੀ ਮਨੁ ਮਾਨਿਆ॥		Sehaj Sukhee Var Kaaman Piaaree Jis Gur Bachanee Man Maaniaa ||	With intuitive peace and poise, the soul-bride is loved by her Husband Lord; her mind is pleased and appeased by the Guru's Teachings.	ਜਿਸ (ਜੀਵ-ਇਸਤ੍ਰੀ) ਦਾ ਮਨ ਗੁਰੂ ਦੇ ਬਚਨਾਂ ਵਿਚ (ਗੁਰੂ ਦੀ ਬਾਣੀ ਵਿਚ) ਗਿੱਝ ਜਾਂਦਾ ਹੈ, ਖਸਮ-ਪ੍ਰਭੂ ਦੀ ਉਹ ਪਿਆਰੀ ਇਸਤ੍ਰੀ ਅਡੋਲ ਅਵਸਥਾ ਵਿਚ ਆਤਮਕ ਸੁਖ ਮਾਣਦੀ ਹੈ।
53942	1254	ਹਰਿ ਵਰਿ ਨਾਰਿ ਭਈ ਸੋਹਾਗਣਿ ਮਨਿ ਤਨਿ ਪ੍ਰੇਮੁ ਸੁਖਾਨਿਆ॥੨॥		Har Var Naar Bhee Sohaagan Man Than Praem Sukhaaniaa ||2||	She is the happy soul-bride of her Husband Lord; her mind and body are filled with joy by His Love. ||2||	ਪ੍ਰਭੂ ਨੂੰ ਆਪਣਾ ਖਸਮ ਬਣਾ ਕੇ ਉਹ ਜੀਵ-ਇਸਤ੍ਰੀ ਭਾਗਾਂ ਵਾਲੀ ਹੋ ਜਾਂਦੀ ਹੈ, ਉਸ ਦੇ ਮਨ ਵਿਚ ਉਸ ਦੇ ਤਨ ਵਿਚ ਪ੍ਰਭੂ ਦਾ ਪਿਆਰ ਆਤਮਕ ਸੁਖ ਪੈਦਾ ਕਰਦਾ ਹੈ ॥੨॥

53943	1254	ਅਵਗਣ ਤਿਆਗਿ ਭਈ ਬੈਰਾਗਨਿ ਅਸਥਿਰੁ ਵਰੁ ਸੋਹਾਗੁ ਹਰੀ॥		Avagan Thiaag Bhee Bairaagan Asathhir Var Sohaag Haree ||	Discarding her demerits, she becomes detached; with the Lord as her Husband, her marriage is eternal.	ਉਹ ਇਸਤ੍ਰੀ ਔਗੁਣ ਤਿਆਗ ਕੇ ਪ੍ਰਭੂ-ਚਰਨਾਂ ਦੀ ਵੈਰਾਗਣ ਹੋ ਜਾਂਦੀ ਹੈ, ਸਦਾ ਕਾਇਮ ਰਹਿਣ ਵਾਲਾ ਹਰੀ ਉਸ ਦਾ ਸੋਹਾਗ ਬਣ ਜਾਂਦਾ ਹੈ, ਉਸ ਦਾ ਖਸਮ ਬਣ ਜਾਂਦਾ ਹੈ,
53944	1254	ਸੋਗੁ ਵਿਜੋਗੁ ਤਿਸੁ ਕਦੇ ਨ ਵਿਆਪੈ ਹਰਿ ਪ੍ਰਭਿ ਅਪਣੀ ਕਿਰਪਾ ਕਰੀ॥੩॥		Sog Vijog This Kadhae N Viaapai Har Prabh Apanee Kirapaa Karee ||3||	She never suffers separation or sorrow; her Lord God showers her with His Grace. ||3||	ਜਿਸ ਜੀਵ-ਇਸਤ੍ਰੀ ਉਤੇ ਹਰੀ ਪ੍ਰਭੂ ਨੇ ਆਪਣੀ ਕਿਰਪਾ (ਦੀ ਦ੍ਰਿਸ਼ਟੀ) ਕੀਤੀ। ਉਸ ਉਤੇ ਮੋਹ ਆਦਿਕ ਦੀ ਚਿੰਤਾ ਜਾਂ ਪ੍ਰਭੂ-ਚਰਨਾਂ ਤੋਂ ਵਿਛੋੜਾ ਕਦੇ ਜ਼ੋਰ ਨਹੀਂ ਪਾ ਸਕਦਾ ॥੩॥
53945	1254	ਆਵਣ ਜਾਣੁ ਨਹੀ ਮਨੁ ਨਿਹਚਲੁ ਪੂਰੇ ਗੁਰ ਕੀ ਓਟ ਗਹੀ॥		Aavan Jaan Nehee Man Nihachal Poorae Gur Kee Outt Gehee ||	Her mind is steady and stable; she does not come and go in reincarnation.	ਜਿਸ ਜੀਵ-ਇਸਤ੍ਰੀ ਨੇ ਪੂਰੇ ਗੁਰੂ ਦਾ ਪੱਲਾ ਫੜਿਆ ਹੈ, ਉਸ ਦਾ ਮਨ (ਵਿਕਾਰਾਂ ਵਲੋਂ) ਅਡੋਲ ਹੋ ਜਾਂਦਾ ਹੈ (ਭਾਵ, ਵਿਕਾਰਾਂ ਵਲ ਨਹੀਂ ਡੋਲਦਾ), ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।
53946	1254	ਨਾਨਕ ਰਾਮ ਨਾਮੁ ਜਪਿ ਗੁਰਮੁਖਿ ਧਨੁ ਸੋਹਾਗਣਿ ਸਚੁ ਸਹੀ॥੪॥੨॥		Naanak Raam Naam Jap Guramukh Dhhan Sohaagan Sach Sehee ||4||2||	She takes the Shelter of the Perfect Guru. O Nanak, as Gurmukh, chant the Naam; you shall be accepted as the true soul-bride of the Lord. ||4||2||	ਹੇ ਨਾਨਕ! ਉਹੀ ਜੀਵ-ਇਸਤ੍ਰੀ ਗੁਰੂ ਦੀ ਰਾਹੀਂ ਪ੍ਰਭੂ ਦਾ ਨਾਮ ਜਪ ਕੇ ਭਾਗਾਂ ਵਾਲੀ ਹੋ ਜਾਂਦੀ ਹੈ, ਉਹ ਠੀਕ ਅਰਥਾਂ ਵਿਚ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦੀ ਹੈ ॥੪॥੨॥

53947	1254	ਮਲਾਰ ਮਹਲਾ ੧॥		Malaar Mehalaa 1 ||	Malaar, First Mehl:	
53948	1254	ਸਾਚੀ ਸੁਰਤਿ ਨਾਮਿ ਨਹੀ ਤ੍ਰਿਪਤੇ ਹਉਮੈ ਕਰਤ ਗਵਾਇਆ॥		Saachee Surath Naam Nehee Thripathae Houmai Karath Gavaaeiaa ||	They pretend to understand the Truth, but they are not satisfied by the Naam; they waste their lives in egotism.	ਜਿਨ੍ਹਾਂ ਦੀ ਸੁਰਤ ਅਡੋਲ ਹੋ ਕੇ ਪ੍ਰਭੂ ਦੇ ਨਾਮ ਵਿਚ ਨਹੀਂ ਜੁੜੀ, ਉਹ ਮਾਇਆ ਦੀ ਤ੍ਰਿਸ਼ਨਾ ਵਲੋਂ ਪਰਤ ਨਹੀਂ ਸਕੇ, 'ਮੈਂ ਵੱਡਾ ਬਣ ਜਾਵਾਂ, ਮੈਂ ਵੱਡਾ ਬਣ ਜਾਵਾਂ'- ਇਹ ਆਖ ਆਖ ਕੇ ਉਹਨਾਂ ਆਪਣਾ ਜੀਵਨ ਗਵਾ ਲਿਆ।
53949	1255	ਪਰ ਧਨ ਪਰ ਨਾਰੀ ਰਤੁ ਨਿੰਦਾ ਬਿਖੁ ਖਾਈ ਦੁਖੁ ਪਾਇਆ॥	ਰਤੁ: ਪੋਲਾ ਬੋਲੋ	Par Dhhan Par Naaree Rath Nindhaa Bikh Khaaee Dhukh Paaeiaa ||	Caught in slander and attachment to the wealth and women of others, they eat poison and suffer in pain.	ਉਹਨਾਂ ਦਾ ਮਨ ਪਰਾਏ ਧਨ ਪਰਾਈ ਇਸਤ੍ਰੀ ਤੇ ਪਰਾਈ ਨਿੰਦਿਆ ਵਿਚ ਮਸਤ ਰਿਹਾ ਹੈ, ਉਹ (ਸਦਾ ਪਰ ਧਨ ਪਰ ਨਾਰੀ ਪਰ ਨਿੰਦਾ ਦੀ) ਜ਼ਹਰ ਖਾਂਦੇ ਰਹੇ (ਆਤਮਕ ਖ਼ੁਰਾਕ ਬਣਾਈ ਰੱਖੀ), ਤੇ ਦੁੱਖ ਹੀ ਸਹੇੜਦੇ ਰਹੇ।
53950	1255	ਸਬਦੁ ਚੀਨਿ ਭੈ ਕਪਟ ਨ ਛੂਟੇ ਮਨਿ ਮੁਖਿ ਮਾਇਆ ਮਾਇਆ॥		Sabadh Cheen Bhai Kapatt N Shhoottae Man Mukh Maaeiaa Maaeiaa ||	They think about the Shabad, but they are not released from their fear and fraud; the minds and mouths are filled with Maya, Maya.	ਸਿਫ਼ਤ-ਸਾਲਾਹ ਦੀ ਬਾਣੀ ਨੂੰ ਵਿਚਾਰ ਕੇ ਉਹਨਾਂ ਦੇ ਦੁਨੀਆ ਵਾਲੇ ਡਰ ਤੇ ਛਲ ਨਾਹ ਮੁੱਕੇ, ਉਹਨਾਂ ਦੇ ਮਨ ਵਿਚ ਭੀ ਮਾਇਆ (ਦੀ ਲਗਨ) ਹੀ ਰਹੀ, ਉਹਨਾਂ ਦੇ ਮੂੰਹ ਵਿਚ ਭੀ ਮਾਇਆ (ਦੀ ਦੰਦ-ਕਥਾ) ਹੀ ਰਹੀ।

53951	1255	ਅਜਗਰਿ ਭਾਰਿ ਲਦੇ ਅਤਿ ਭਾਰੀ ਮਰਿ ਜਨਮੇ ਜਨਮੁ ਗਵਾਇਆ॥੧॥	ਲੱਦੇ	Ajagar Bhaar Ladhae Ath Bhaaree Mar Janamae Janam Gavaaeiaa ||1||	Loading the heavy and crushing load, they die, only to be reborn, and waste their lives again. ||1||	ਉਹ ਸਦਾ (ਮਾਇਆ ਦੇ ਮੋਹ ਦੇ) ਬੇਅੰਤ ਵੱਡੇ ਭਾਰ ਹੇਠ ਲੱਦੇ ਰਹੇ, ਜਨਮ ਮਰਨ ਦੇ ਗੇੜ ਵਿਚ ਪੈ ਕੇ ਉਹਨਾਂ ਜੀਵਨ ਅਜਾਈਂ ਗਵਾ ਲਿਆ ॥੧॥
53952	1255	ਮਨਿ ਭਾਵੈ ਸਬਦੁ ਸੁਹਾਇਆ॥		Man Bhaavai Sabadh Suhaaeiaa ||	The Word of the Shabad is so very beautiful; it is pleasing to my mind.	ਜਿਨ੍ਹਾਂ ਦੇ ਮਨ ਵਿਚ (ਪ੍ਰਭੂ ਦੀ ਸਿਫ਼ਤ-ਸਾਲਾਹ ਦੀ) ਬਾਣੀ ਪਿਆਰੀ ਲੱਗਦੀ ਹੈ ਉਹਨਾਂ ਦਾ ਜੀਵਨ ਸੋਹਣਾ ਬਣ ਜਾਂਦਾ ਹੈ।
53953	1255	ਭ੍ਰਮਿ ਭ੍ਰਮਿ ਜੋਨਿ ਭੇਖ ਬਹੁ ਕੀਨ੍ਹੇ ਗੁਰਿ ਰਾਖੇ ਸਚੁ ਪਾਇਆ॥੧॥ਰਹਾਉ ॥		Bhram Bhram Jon Bhaekh Bahu Keenhae Gur Raakhae Sach Paaeiaa ||1|| Rehaao ||	The mortal wanders lost in reincarnation, wearing various robes and clothes; when he is saved and protected by the Guru, then he finds the Truth. ||1||Pause||	(ਪਰ ਸਿਫ਼ਤ-ਸਾਲਾਹ ਵਾਲੀ ਬਾਣੀ ਤੋਂ ਖੁੰਝ ਕੇ) ਅਨੇਕਾਂ ਜੂਨਾਂ ਵਿਚ ਭਟਕ ਭਟਕ ਕੇ ਅਨੇਕਾਂ ਜੂਨਾਂ ਦੇ ਭੇਖ ਧਾਰਦੇ ਰਹੇ (ਭਾਵ, ਜਨਮ ਲੈਂਦੇ ਰਹੇ)। ਜਿਨ੍ਹਾਂ ਦੀ ਰਖਿਆ ਗੁਰੂ ਨੇ ਕੀਤੀ, ਉਹਨਾਂ ਨੂੰ ਸਦਾ ਕਾਇਮ ਰਹਿਣ ਵਾਲਾ ਰੱਬ ਮਿਲ ਪਿਆ ॥੧॥ ਰਹਾਉ ॥
53954	1255	ਤੀਰਥਿ ਤੇਜੁ ਨਿਵਾਰਿ ਨ ਨ੍ਹਾਤੇ ਹਰਿ ਕਾ ਨਾਮੁ ਨ ਭਾਇਆ॥	(ਤੇਜੁ) ਤਮੋ ਗੁਣ	Theerathh Thaej Nivaar N Nhaathae Har Kaa Naam N Bhaaeiaa ||	He does not try to wash away his angry passions by bathing at sacred shrines. He does not love the Name of the Lord.	ਕ੍ਰੋਧ ਦੂਰ ਕਰ ਕੇ ਉਹਨਾਂ ਆਤਮ-ਤੀਰਥ ਉਤੇ ਇਸ਼ਨਾਨ ਨਾਹ ਕੀਤਾ, ਉਹਨਾਂ ਨੂੰ ਪਰਮਾਤਮਾ ਦਾ ਨਾਮ ਪਿਆਰਾ ਨਾਹ ਲੱਗਾ,

53955	1255	ਰਤਨ ਪਦਾਰਥੁ ਪਰਹਰਿ ਤਿਆਗਿਆ ਜਤ ਕੋ ਤਤ ਹੀ ਆਇਆ॥		Rathan Padhaarathh Parehar Thiaagiaa Jath Ko Thath Hee Aaeiaa ||	He abandons and discards the priceless jewel, and he goes back from where he came.	(ਤ੍ਰਿਸ਼ਨਾ-ਅਧੀਨ ਰਹਿ ਕੇ) ਉਹਨਾਂ ਪ੍ਰਭੂ ਦਾ ਅਮੋਲਕ ਨਾਮ ਸਦਾ ਲਈ ਤਿਆਗ ਦਿੱਤਾ, ਜਿਸ ਚੌਰਾਸੀ ਵਿਚੋਂ ਨਿਕਲ ਕੇ ਮਨੁੱਖਾ ਜਨਮ ਵਿਚ ਆਏ ਸਨ, ਉਸੇ ਚੌਰਾਸੀ ਵਿਚ ਮੁੜ ਚਲੇ ਗਏ,
53956	1255	ਬਿਸਟਾ ਕੀਟ ਭਏ ਉਤ ਹੀ ਤੇ ਉਤ ਹੀ ਮਾਹਿ ਸਮਾਇਆ॥		Bisattaa Keett Bheae Outh Hee Thae Outh Hee Maahi Samaaeiaa ||	And so he becomes a maggot in manure, and in that, he is absorbed.	ਜਿਵੇਂ ਵਿਸ਼ਟੇ ਦੇ ਕੀੜੇ ਵਿਸ਼ਟੇ ਵਿਚੋਂ ਜੰਮਦੇ ਹਨ, ਤੇ ਵਿਸ਼ਟੇ ਵਿਚ ਹੀ ਮੁੜ ਮਰ ਜਾਂਦੇ ਹਨ।
53957	1255	ਅਧਿਕ ਸੁਆਦ ਰੋਗ ਅਧਿਕਾਈ ਬਿਨੁ ਗੁਰ ਸਹਜੁ ਨ ਪਾਇਆ॥੨॥		Adhhik Suaadh Rog Adhhikaaee Bin Gur Sehaj N Paaeiaa ||2||	The more he tastes, the more he is diseased; without the Guru, there is no peace and poise. ||2||	(ਵਿਸ਼ੇ ਵਿਕਾਰਾਂ ਦੇ) ਜਿਤਨੇ ਹੀ ਵਧੀਕ ਸੁਆਦ ਉਹ ਮਾਣਦੇ ਗਏ, ਉਤਨੇ ਹੀ ਵਧੀਕ ਰੋਗ ਉਹਨਾਂ ਨੂੰ ਵਿਆਪਦੇ ਗਏ। ਗੁਰੂ ਦੀ ਸਰਨ ਨਾਹ ਆਉਣ ਕਰ ਕੇ ਉਹਨਾਂ ਨੂੰ ਸ਼ਾਂਤ ਅਵਸਥਾ ਹਾਸਲ ਨਾਹ ਹੋਈ ॥੨॥
53958	1255	ਸੇਵਾ ਸੁਰਤਿ ਰਹਸਿ ਗੁਣ ਗਾਵਾ ਗੁਰਮੁਖਿ ਗਿਆਨੁ ਬੀਚਾਰਾ॥	ਰਹ-ਸਿ: ਪੋਲਾ ਬੋਲੋ	Saevaa Surath Rehas Gun Gaavaa Guramukh Giaan Beechaaraa ||	Focusing my awareness on selfless service, I joyfully sing His Praises. As Gurmukh, I contemplate spiritual wisdom.	(ਮਿਹਰ ਕਰ) ਮੇਰੀ ਸੁਰਤ ਤੇਰੀ ਸੇਵਾ (-ਭਗਤੀ) ਵਿਚ ਟਿਕੀ ਰਹੇ, ਪੂਰਨ ਆਨੰਦ ਵਿਚ ਟਿੱਕ ਕੇ ਮੈਂ ਤੇਰੇ ਗੁਣ ਗਾਂਦਾ ਰਹਾਂ; ਗੁਰੂ ਦੀ ਸਰਨ ਪੈ ਕੇ ਮੈਂ ਸਦਾ ਇਹ ਵਿਚਾਰ ਕਰਦਾ ਰਹਾਂ ਕਿ ਤੇਰੇ ਨਾਲ ਮੇਰੀ ਡੂੰਘੀ ਸਾਂਝ ਬਣੀ ਰਹੇ।

53959	1255	ਖੋਜੀ ਉਪਜੈ ਬਾਦੀ ਬਿਨਸੈ ਹਉ ਬਲਿ ਬਲਿ ਗੁਰ ਕਰਤਾਰਾ॥	ਖੋਜੀ। ਬਾਦੀ	Khojee Oupajai Baadhee Binasai Ho Bal Bal Gur Karathaaraa ||	The seeker comes forth, and the debater dies down; I am a sacrifice, a sacrifice to the Guru, the Creator Lord.	ਹੇ ਮੇਰੇ ਗੁਰੂ! ਹੇ ਮੇਰੇ ਕਰਤਾਰ! ਮੈਂ ਤੈਥੋਂ ਕੁਰਬਾਨ ਜਾਂਦਾ ਹਾਂ। (ਤੇਰੇ ਨਾਲ ਡੂੰਘੀ ਜਾਣ ਪਛਾਣ ਦੇ ਜਤਨ) ਖੋਜਣ ਵਾਲਾ ਮਨੁੱਖ ਆਤਮਕ ਜੀਵਨ ਵਿਚ ਜਨਮ ਲੈ ਲੈਂਦਾ ਹੈ, ਪਰ (ਨਿੱਤ ਮਾਇਆ ਦੇ) ਝਗੜੇ ਕਰਨ ਵਾਲਾ ਜੀਵ ਆਤਮਕ ਮੌਤੇ ਮਰ ਜਾਂਦਾ ਹੈ।
53960	1255	ਹਮ ਨੀਚ ਹੋਤੇ ਹੀਣ ਮਤਿ ਝੂਠੇ ਤੂ ਸਬਦਿ ਸਵਾਰਣਹਾਰਾ॥	ਅਸੀਂ ਨੀਚ (ਹੋਤੇ) ਹੁੰਦੇ ਭਏ ਹਾਂ। ਹੋ: ਹੋੜੇ ਔਂਕੜ ਵਿਚਾਲੇ ਬੋਲੋ। (ਦੂਜਾ ਪਾਠ: ਨੀਚਹੋ ਤੇ)	Ham Neech Huothae Heenamath Jhoothae Thoo Sabadh Savaaranehaaraa ||	I am low and wretched, with shallow and false understanding; You embellish and exalt me through the Word of Your Shabad.	ਹੇ ਪ੍ਰਭੂ! ਅਸੀਂ (ਤ੍ਰਿਸ਼ਨਾ ਵਿਚ ਫਸ ਕੇ ਬੜੇ) ਨੀਵੇਂ ਜੀਵਨ ਵਾਲੇ ਹੋ ਚੁਕੇ ਹਾਂ, ਅਸੀਂ ਮੂਰਖ ਹਾਂ, ਅਸੀਂ ਝੂਠੇ ਪਦਾਰਥਾਂ ਵਿਚ ਫਸੇ ਪਏ ਹਾਂ; ਪਰ ਤੂੰ (ਆਪਣੀ ਸਿਫ਼ਤ-ਸਾਲਾਹ ਦੀ) ਬਾਣੀ ਵਿਚ (ਜੋੜ ਕੇ) ਸਾਡਾ ਜੀਵਨ ਸਵਾਰਨ ਦੇ ਸਮਰੱਥ ਹੈਂ।
53961	1255	ਆਤਮ ਚੀਨਿ ਤਹਾ ਤੂ ਤਾਰਣ ਸਚੁ ਤਾਰੇ ਤਾਰਣਹਾਰਾ॥੩॥		Aatham Cheen Thehaa Thoo Thaaran Sach Thaarae Thaaranehaaraa ||3||	And wherever there is self-realization, You are there; O True Lord Savior, You save us and carry us across. ||3||	ਜਿਥੇ ਆਪੇ ਦੀ ਵਿਚਾਰ ਹੁੰਦੀ ਹੈ, ਉਥੇ ਤੂੰ (ਸੰਸਾਰ-ਸਮੁੰਦਰ ਦੀਆਂ ਵਿਕਾਰ-ਲਹਿਰਾਂ ਤੋਂ) ਬਚਾਣ ਲਈ ਆ ਬਹੁੜਦਾ ਹੈਂ। ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ ਤਾਰਨ ਦੇ ਸਮਰੱਥ ਹੈਂ, (ਸਾਨੂੰ) ਤਾਰ ਲੈ ॥੩॥

53962	1255	ਬੈਸਿ ਸੁਥਾਨਿ ਕਹਾਂ ਗੁਣ ਤੇਰੇ ਕਿਆ ਕਿਆ ਕਥਉ ਅਪਾਰਾ॥		Bais Suthhaan Kehaan Gun Thaerae Kiaa Kiaa Kathho Apaaraa ||	Where should I sit to chant Your Praises; which of Your Infinite Praises should I chant?	(ਹੇ ਪ੍ਰਭੂ! ਮਿਹਰ ਕਰ) ਸਤਸੰਗ ਵਿਚ ਟਿੱਕ ਕੇ ਮੈਂ ਤੇਰੇ ਗੁਣ ਗਾਂਦਾ ਰਹਾਂ। ਪਰ ਤੂੰ ਬੇਅੰਤ ਹੈਂ, ਤੇਰੇ ਸਾਰੇ ਗੁਣ ਮੈਂ ਬਿਆਨ ਨਹੀਂ ਕਰ ਸਕਦਾ।
53963	1255	ਅਲਖੁ ਨ ਲਖੀਐ ਅਗਮੁ ਅਜੋਨੀ ਤੂੰ ਨਾਥਾਂ ਨਾਥਣਹਾਰਾ॥		Alakh N Lakheeai Agam Ajonee Thoon Naathhaan Naathhanehaaraa ||	The Unknown cannot be known; O Inaccessible, Unborn Lord God, You are the Lord and Master of masters.	ਤੂੰ ਅਲੱਖ ਹੈਂ, ਤੂੰ ਬਿਆਨ ਤੋਂ ਪਰੇ ਹੈਂ, ਤੂੰ ਅਪਹੁੰਚ ਹੈਂ, ਤੂੰ ਜੂਨਾਂ ਤੋਂ ਰਹਿਤ ਹੈਂ। ਤੂੰ (ਵੱਡੇ ਵੱਡੇ) ਨਾਥ ਅਖਵਾਣ ਵਾਲਿਆਂ ਨੂੰ ਭੀ ਆਪਣੇ ਵੱਸ ਵਿਚ ਰੱਖਣ ਵਾਲਾ ਹੈਂ।
53964	1255	ਕਿਸੁ ਪਹਿ ਦੇਖਿ ਕਹਉ ਤੂ ਕੈਸਾ ਸਭਿ ਜਾਚਕ ਤੂ ਦਾਤਾਰਾ॥		Kis Pehi Dhaekh Keho Thoo Kaisaa Sabh Jaachak Thoo Dhaathaaraa ||	How can I compare You to anyone else I see? All are beggars - You are the Great Giver.	(ਹੇ ਪ੍ਰਭੂ! ਤੇਰੀ ਰਚਨਾ ਨੂੰ) ਵੇਖ ਕੇ ਮੈਂ ਕਿਸੇ ਅੱਗੇ ਇਹ ਆਖਣ ਜੋਗਾ ਨਹੀਂ ਹਾਂ ਕਿ ਤੂੰ ਕਿਹੋ ਜਿਹਾ ਹੈਂ (ਭਾਵ, ਸਾਰੇ ਸੰਸਾਰ ਵਿਚ ਤੇਰੇ ਵਰਗਾ ਕੋਈ ਨਹੀਂ ਹੈ)। ਸਾਰੇ ਜੀਵ (ਤੇਰੇ ਦਰ ਦੇ) ਮੰਗਤੇ ਹਨ, ਤੂੰ ਸਭ ਨੂੰ ਦਾਤਾਂ ਦੇਣ ਵਾਲਾ ਹੈਂ।
53965	1255	ਭਗਤਿ ਹੀਣੁ ਨਾਨਕੁ ਦਰਿ ਦੇਖਹੁ ਇਕੁ ਨਾਮੁ ਮਿਲੈ ਉਰਿ ਧਾਰਾ॥੪॥੩॥		Bhagathiheen Naanak Dhar Dhaekhahu Eik Naam Milai Our Dhhaaraa ||4||3||	Lacking devotion, Nanak looks to Your Door; please bless him with Your One Name, that he may enshrine it in his heart. ||4||3||	(ਹੇ ਪ੍ਰਭੂ!) ਤੇਰੀ ਭਗਤੀ ਤੋਂ ਖੁੰਝਿਆ ਹੋਇਆ (ਤੇਰਾ ਦਾਸ) ਨਾਨਕ (ਤੇਰੇ) ਦਰ ਤੇ (ਆ ਡਿੱਗਾ ਹੈ, ਇਸ ਉਤੇ) ਮਿਹਰ ਦੀ ਨਿਗਾਹ ਕਰ। (ਹੇ ਪ੍ਰਭੂ!) ਮੈਨੂੰ ਤੇਰਾ ਨਾਮ ਮਿਲ ਜਾਏ, ਮੈਂ (ਇਸ ਨਾਮ ਨੂੰ ਆਪਣੇ) ਸੀਨੇ ਵਿਚ ਪ੍ਰੋ ਰੱਖਾਂ ॥੪॥੩॥

53966	1255	ਮਲਾਰ ਮਹਲਾ ੧॥		Malaar Mehalaa 1 ||	Malaar, First Mehl:	
53967	1255	ਜਿਨਿ ਧਨ ਪਿਰ ਕਾ ਸਾਦੁ ਨ ਜਾਨਿਆ ਸਾ ਬਿਲਖ ਬਦਨ ਕੁਮਲਾਨੀ॥	ਬਿਲਖ:ਪੋਲਾ ਬੋਲੋ। (ਬਿਲਖ) ਵਿਆਕੁਲ, ਵਿਰਲਾਪ	Jin Dhhan Pir Kaa Saadh N Jaaniaa Saa Bilakh Badhan Kumalaanee ||	The soul-bride who has not known delight with her Husband Lord, shall weep and wail with a wretched face.	ਜਿਸ ਜੀਵ-ਇਸਤ੍ਰੀ ਨੇ ਪ੍ਰਭੂ-ਪਤੀ ਦੇ ਮਿਲਾਪ ਦਾ ਆਨੰਦ ਨਹੀਂ ਸਮਝਿਆ (ਭਾਵ, ਆਨੰਦ ਨਹੀਂ ਮਾਣਿਆ) ਉਹ ਸਦਾ (ਦੁਨੀਆ ਦੇ ਝੰਬੇਲਿਆਂ ਵਿਚ ਹੀ) ਵਿਆਕੁਲ ਰਹਿੰਦੀ ਹੈ, ਉਸ ਦਾ ਚੇਹਰਾ ਕੁਮਲਾਇਆ ਰਹਿੰਦਾ ਹੈ;
53968	1255	ਭਈ ਨਿਰਾਸੀ ਕਰਮ ਕੀ ਫਾਸੀ ਬਿਨੁ ਗੁਰ ਭਰਮਿ ਭੁਲਾਨੀ॥੧॥		Bhee Niraasee Karam Kee Faasee Bin Gur Bharam Bhulaanee ||1||	She becomes hopeless, caught in the noose of her own karma; without the Guru, she wanders deluded by doubt. ||1||	(ਦੁਨੀਆ ਵਾਲੀਆਂ ਆਸਾਂ ਪੂਰੀਆਂ ਨਾਹ ਹੋਣ ਕਰ ਕੇ) ਉਸ ਦਾ ਦਿਲ ਟੁੱਟਾ ਜਿਹਾ ਰਹਿੰਦਾ ਹੈ, ਆਪਣੇ ਕੀਤੇ ਕਰਮਾਂ ਦੇ ਸੰਸਕਾਰਾਂ ਦੀ ਫਾਹੀ ਉਸ ਦੇ ਗਲ ਵਿਚ ਪਈ ਰਹਿੰਦੀ ਹੈ; ਗੁਰੂ ਦੀ ਸਰਨ ਨਾਹ ਆਉਣ ਕਰ ਕੇ ਭਟਕਣਾ ਵਿਚ ਪੈ ਕੇ ਉਹ ਜੀਵਨ ਦੇ ਸਹੀ ਰਸਤੇ ਤੋਂ ਖੁੰਝੀ ਰਹਿੰਦੀ ਹੈ ॥੧॥
53969	1255	ਬਰਸੁ ਘਨਾ ਮੇਰਾ ਪਿਰੁ ਘਰਿ ਆਇਆ॥		Baras Ghanaa Maeraa Pir Ghar Aaeiaa ||	So rain down, O clouds. My Husband Lord has come home.	ਹੇ ਬੱਦਲ! ਵਰਖਾ ਕਰ (ਹੇ ਗੁਰੂ! ਨਾਮ ਦੀ ਵਰਖਾ ਕਰ, ਤੇਰੀ ਨਾਮ-ਵਰਖਾ ਦੀ ਬਰਕਤਿ ਨਾਲ) ਮੇਰਾ ਪਤੀ-ਪ੍ਰਭੂ ਮੇਰੇ ਹਿਰਦੇ ਵਿਚ ਆ ਵੱਸਿਆ ਹੈ।

53970	1255	ਬਲਿ ਜਾਵਾਂ ਗੁਰ ਅਪਨੇ ਪ੍ਰੀਤਮ ਜਿਨਿ ਹਰਿ ਪ੍ਰਭੁ ਆਣਿ ਮਿਲਾਇਆ॥੧॥ਰਹਾਉ॥		Bal Jaavaan Gur Apanae Preetham Jin Har Prabh Aan Milaaeiaa ||1|| Rehaao ||	I am a sacrifice to my Guru, who has led me to meet my Lord God. ||1||Pause||	ਮੈਂ ਆਪਣੇ ਪ੍ਰੀਤਮ ਗੁਰੂ ਤੋਂ ਕੁਰਬਾਨ ਹਾਂ, ਜਿਸ ਨੇ ਹਰੀ-ਪ੍ਰਭੂ ਲਿਆ ਕੇ ਮੈਨੂੰ ਮਿਲਾ ਦਿੱਤਾ ਹੈ ॥੧॥ ਰਹਾਉ ॥
53971	1255	ਨਉਤਨ ਪ੍ਰੀਤਿ ਸਦਾ ਠਾਕੁਰ ਸਿਉ ਅਨ ਦਿਨੁ ਭਗਤਿ ਸੁਹਾਵੀ॥		Nouthan Preeth Sadhaa Thaakur Sio Anadhin Bhagath Suhaavee ||	My love, my Lord and Master is forever fresh; I am embellished with devotional worship night and day.	ਉਹਨਾਂ ਦੀ ਪ੍ਰਭੂ ਨਾਲ ਸਦਾ ਨਵੀਂ ਪ੍ਰੀਤ ਬਣੀ ਰਹਿੰਦੀ ਹੈ। (ਪਿਆਰ ਵਾਲਾ ਚਾਉ ਕਦੇ ਮੱਠਾ ਨਹੀਂ ਹੁੰਦਾ) ਉਹ ਹਰ ਰੋਜ਼ ਪ੍ਰਭੂ ਦੀ ਭਗਤੀ ਕਰਦੇ ਹਨ ਜੋ ਉਹਨਾਂ ਨੂੰ ਆਤਮਕ ਸੁਖ ਦੇਈ ਰੱਖਦੀ ਹੈ।
53972	1255	ਮੁਕਤਿ ਭਏ ਗੁਰਿ ਦਰਸੁ ਦਿਖਾਇਆ ਜੁਗਿ ਜੁਗਿ ਭਗਤਿ ਸੁਭਾਵੀ॥੨॥		Mukath Bheae Gur Dharas Dhikhaaeiaa Jug Jug Bhagath Subhaavee ||2||	I am liberated, gazing on the Blessed Vision of the Guru's Darshan. Devotional worship has made me glorious and exalted throughout the ages. ||2||	ਜਿਨ੍ਹਾਂ ਜੀਵਾਂ ਨੂੰ ਗੁਰੂ ਨੇ ਪ੍ਰਭੂ ਦਾ ਦਰਸਨ ਕਰਾ ਦਿੱਤਾ ਹੈ, ਉਹ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਹੋ ਜਾਂਦੇ ਹਨ, ਉਹ ਸਦਾ ਪਰਮਾਤਮਾ ਦੀ ਭਗਤੀ ਕਰਦੇ ਤੇ ਸੋਭਾ ਖੱਟਦੇ ਹਨ ॥੨॥

53973	1255	ਹਮ ਥਾਰੇ ਤ੍ਰਿਭਵਣ ਜਗੁ ਤੁਮਰਾ ਤੂ ਮੇਰਾ ਹਉ ਤੇਰਾ॥		Ham Thhaarae Thribhavan Jag Thumaraa Thoo Maeraa Ho Thaeraa ||	I am Yours; the three worlds are Yours as well. You are mine, and I am Yours.	ਹੇ ਪ੍ਰਭੂ! ਅਸੀਂ ਤੇਰੇ ਪੈਦਾ ਕੀਤੇ ਹੋਏ ਹਾਂ, ਤਿੰਨਾਂ ਭਵਨਾਂ ਵਾਲਾ ਸਾਰਾ ਹੀ ਸੰਸਾਰ ਤੇਰਾ ਰਚਿਆ ਹੋਇਆ ਹੈ (ਆਪਣੀ ਰਚੀ ਮਾਇਆ ਦੇ ਮੋਹ ਤੋਂ ਤੂੰ ਆਪ ਹੀ ਸਭ ਜੀਵਾਂ ਨੂੰ ਬਚਾਂਦਾ ਹੈਂ)। ਹੇ ਪ੍ਰਭੂ! ਤੂੰ ਮੇਰਾ (ਮਾਲਕ) ਹੈਂ, ਮੈਂ ਤੇਰਾ (ਦਾਸ) ਹਾਂ (ਮੈਨੂੰ ਭੀ ਕਰਮਾਂ ਦੀ ਫਾਹੀ ਤੋਂ ਬਚਾਈ ਰੱਖ)।
53974	1255	ਸਤਿਗੁਰਿ ਮਿਲਿਐ ਨਿਰੰਜਨੁ ਪਾਇਆ ਬਹੁਰਿ ਨ ਭਵਜਲਿ ਫੇਰਾ॥੩॥		Sathigur Miliai Niranjan Paaeiaa Bahur N Bhavajal Faeraa ||3||	Meeting with the True Guru, I have found the Immaculate Lord; I shall not be consigned to this terrifying world-ocean ever again. ||3||	ਜੇ ਗੁਰੂ ਮਿਲ ਪਏ, ਤਾਂ ਮਾਇਆ ਤੋਂ ਰਹਿਤ ਪ੍ਰਭੂ ਮਿਲ ਪੈਂਦਾ ਹੈ, ਤੇ ਮੁੜ ਸੰਸਾਰ-ਸਮੁੰਦਰ (ਦੇ ਗੇੜ) ਵਿਚ ਨਹੀਂ ਆਉਣਾ ਪੈਂਦਾ ॥੩॥
53975	1255	ਅਪੁਨੇ ਪਿਰ ਹਰਿ ਦੇਖਿ ਵਿਗਾਸੀ ਤਉ ਧਨ ਸਾਚੁ ਸੀਗਾਰੋ॥		Apunae Pir Har Dhaekh Vigaasee Tho Dhhan Saach Seegaaro ||	If the soul-bride is filled with delight on seeing her Husband Lord, then her decorations are true.	(ਜੀਵ-ਇਸਤ੍ਰੀ ਆਪਣੇ ਪ੍ਰਭੂ-ਪਤੀ ਨੂੰ ਪ੍ਰਸੰਨ ਕਰਨ ਲਈ ਕਈ ਤਰ੍ਹਾਂ ਦੇ ਧਾਰਮਿਕ ਉੱਦਮ-ਰੂਪ ਸਿੰਗਾਰ ਕਰਦੀ ਹੈ, ਪਰ) ਜੀਵ-ਇਸਤ੍ਰੀ ਦਾ ਸਿੰਗਾਰ ਤਦੋਂ ਹੀ ਅਟੱਲ ਸਮਝੋ (ਤਦੋਂ ਹੀ ਸਫਲ ਜਾਣੋ) ਜਦੋਂ ਉਹ ਆਪਣੇ ਪਤੀ-ਪ੍ਰਭੂ ਨੂੰ ਵੇਖ ਕੇ ਹੁਲਾਰੇ ਵਿਚ ਆਉਂਦੀ ਹੈ,

53976	1255	ਅਕੁਲ ਨਿਰੰਜਨ ਸਿਉ ਸਚਿ ਸਾਚੀ ਗੁਰਮਤਿ ਨਾਮੁ ਅਧਾਰੋ॥੪॥	ਅਕੁਲ:ਪੋਲਾ ਬੋਲੋ। (ਅ-ਕੁਲ) ਕੁਲ ਰਹਿਤ	Akul Niranjan Sio Sach Saachee Guramath Naam Adhhaaro ||4||	With the Immaculate Celestial Lord, she becomes the truest of the true. Following the Guru's Teachings, she leans on the Support of the Naam. ||4||	ਜਦੋਂ ਸੱਚੇ ਦੇ ਸਿਮਰਨ ਦੀ ਰਾਹੀਂ ਕੁਲ-ਰਹਿਤ ਮਾਇਆ-ਰਹਿਤ ਪ੍ਰਭੂ ਨਾਲ ਇਕ-ਰੂਪ ਹੋ ਜਾਂਦੀ ਹੈ, ਜਦੋਂ ਗੁਰੂ ਦੀ ਸਿੱਖਿਆ ਉਤੇ ਤੁਰ ਕੇ ਪ੍ਰਭੂ ਦਾ ਨਾਮ ਉਸ ਦੇ ਜੀਵਨ ਦਾ ਸਹਾਰਾ ਬਣ ਜਾਂਦਾ ਹੈ ॥੪॥
53977	1255	ਮੁਕਤਿ ਭਈ ਬੰਧਨ ਗੁਰਿ ਖੋਲ੍ਹੇ ਸਬਦਿ ਸੁਰਤਿ ਪਤਿ ਪਾਈ॥		Mukath Bhee Bandhhan Gur Kholhae Sabadh Surath Path Paaee ||	She is liberated; the Guru has untied her bonds. Focusing her awareness on the Shabad, she attains honor.	ਜੋ ਜੀਵ-ਇਸਤ੍ਰੀ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਹੋ ਗਈ, ਜਿਸ ਦੇ ਮਾਇਆ ਦੇ ਬੰਧਨ ਗੁਰੂ ਨੇ ਖੋਹਲ ਦਿੱਤੇ, ਉਹ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਵਿਚ ਸੁਰਤ ਜੋੜ ਕੇ (ਪ੍ਰਭੂ ਦੀ ਹਜ਼ੂਰੀ ਵਿਚ) ਇੱਜ਼ਤ ਹਾਸਲ ਕਰਦੀ ਹੈ;
53978	1255	ਨਾਨਕ ਰਾਮ ਨਾਮੁ ਰਿਦ ਅੰਤਰਿ ਗੁਰਮੁਖਿ ਮੇਲਿ ਮਿਲਾਈ॥੫॥੪॥		Naanak Raam Naam Ridh Anthar Guramukh Mael Milaaee ||5||4||	O Nanak, the Lord's Name is deep within her heart; as Gurmukh, she is united in His Union. ||5||4||	ਹੇ ਨਾਨਕ! ਪ੍ਰਭੂ ਦਾ ਨਾਮ ਸਦਾ ਉਸ ਦੇ ਹਿਰਦੇ ਵਿਚ ਵੱਸਦਾ ਹੈ, ਗੁਰੂ ਦੀ ਸਰਨ ਪੈ ਕੇ ਉਹ ਪ੍ਰਭੂ-ਪਤੀ ਦੇ ਮਿਲਾਪ ਵਿਚ ਮਿਲ ਜਾਂਦੀ ਹੈ (ਅਭੇਦ ਹੋ ਜਾਂਦੀ ਹੈ) ॥੫॥੪॥
53979	1255	ਮਹਲਾ ੧ ਮਲਾਰ॥		Mehalaa 1 Malaar ||	First Mehl, Malaar:	

53980	1255	ਪਰ ਦਾਰਾ ਪਰ ਧਨੁ ਪਰ ਲੋਭਾ ਹਉਮੈ ਬਿਖੈ ਬਿਕਾਰ॥		Par Dhaaraa Par Dhhan Par Lobhaa Houmai Bikhai Bikaar ||	Others' wives others' wealth greed, egotism, corruption and poison;	(ਜੇਹੜਾ ਮਨੁੱਖ ਗੁਰੂ ਦਾ ਸ਼ਬਦ ਹਿਰਦੇ ਵਿਚ ਵਸਾਂਦਾ ਹੈ ਤੇ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਹਾਸਲ ਕਰਦਾ ਹੈ, ਉਹ) ਪਰਾਈ ਇਸਤ੍ਰੀ (ਦਾ ਸੰਗ), ਪਰਾਇਆ ਧਨ, ਬਹੁਤ ਲਾਲਚ, ਹਉਮੈ, ਵਿਸ਼ਿਆਂ (ਵਾਲੀ ਰੁਚੀ), ਮੰਦੇ ਕਰਮ,
53981	1255	ਦੁਸਟ ਭਾਉ ਤਜਿ ਨਿੰਦ ਪਰਾਈ ਕਾਮੁ ਕ੍ਰੋਧੁ ਚੰਡਾਰ॥੧॥		Dhusatt Bhaao Thaj Nindh Paraaee Kaam Krodhh Chanddaar ||1||	Evil passions, slander of others, sexual desire and anger - give up all these. ||1||	ਭੈੜੀ ਨੀਅਤ, ਪਰਾਈ ਨਿੰਦਿਆ, ਕਾਮ ਅਤੇ ਚੰਡਾਲ ਕ੍ਰੋਧ-ਇਹ ਸਭ ਕੁਝ ਤਿਆਗ ਦੇਂਦਾ ਹੈ ॥੧॥
53982	1255	ਮਹਲ ਮਹਿ ਬੈਠੇ ਅਗਮ ਅਪਾਰ॥		Mehal Mehi Baithae Agam Apaar ||	The Inaccessible, Infinite Lord is sitting in His Mansion.	ਅਪਹੁੰਚ ਤੇ ਬੇਅੰਤ ਪ੍ਰਭੂ ਜੀ ਹਰੇਕ ਸਰੀਰ ਵਿਚ ਬੈਠੇ ਹੋਏ ਹਨ (ਮੌਜੂਦ ਹਨ),
53983	1255	ਭੀਤਰਿ ਅੰਮ੍ਰਿਤੁ ਸੋਈ ਜਨੁ ਪਾਵੈ ਜਿਸੁ ਗੁਰ ਕਾ ਸਬਦੁ ਰਤਨੁ ਆਚਾਰ॥੧॥ਰਹਾਉ ॥		Bheethar Anmrith Soee Jan Paavai Jis Gur Kaa Sabadh Rathan Aachaar ||1|| Rehaao ||	That humble being, whose conduct is in harmony with the jewel of the Guru's Shabad, obtains the Ambrosial Nectar. ||1||Pause||	ਪਰ ਉਹੀ ਮਨੁੱਖ ਪ੍ਰਭੂ ਜੀ ਦਾ ਨਾਮ-ਅੰਮ੍ਰਿਤ ਹਾਸਲ ਕਰਦਾ ਹੈ ਜਿਸ ਦੀ ਨਿੱਤ ਦੀ ਕ੍ਰਿਆ ਗੁਰੂ ਦਾ ਸ੍ਰੇਸ਼ਟ ਸ਼ਬਦ (ਆਪਣੇ ਅੰਦਰ ਵਸਾਣਾ) ਹੋ ਜਾਏ ॥੧॥ ਰਹਾਉ ॥

53984	1256	ਦੁਖ ਸੁਖ ਦੋਊ ਸਮ ਕਰਿ ਜਾਨੈ ਬੁਰਾ ਭਲਾ ਸੰਸਾਰ॥		Dhukh Sukh Dhooo Sam Kar Jaanai Buraa Bhalaa Sansaar ||	He sees pleasure and pain as both the same, along with good and bad in the world.	ਉਹ ਮਨੁੱਖ ਦੁੱਖਾਂ ਨੂੰ ਇਕੋ ਜਿਹਾ ਜਾਣਦਾ ਹੈ, ਜਗਤ ਵਲੋਂ ਮਿਲਦੇ ਚੰਗੇ ਮੰਦੇ ਸਲੂਕ ਨੂੰ ਭੀ ਬਰਾਬਰ ਜਾਣ ਕੇ ਹੀ ਸਹਾਰਦਾ ਹੈ (ਇਹ ਸਭ ਕੁਝ ਹਰਿ-ਨਾਮ ਦੀ ਬਰਕਤਿ ਹੈ)।
53985	1256	ਸੁਧਿ ਬੁਧਿ ਸੁਰਤਿ ਨਾਮਿ ਹਰਿ ਪਾਈਐ ਸਤਸੰਗਤਿ ਗੁਰ ਪਿਆਰ॥੨॥		Sudhh Budhh Surath Naam Har Paaeeai Sathasangath Gur Piaar ||2||	Wisdom, understanding and awareness are found in the Name of the Lord. In the Sat Sangat, the True Congregation, embrace love for the Guru. ||2||	ਪਰ ਇਹ ਸੂਝ ਬੂਝ ਪ੍ਰਭੂ ਦੇ ਨਾਮ ਵਿਚ ਸੁਰਤ ਜੋੜਿਆਂ ਹੀ ਪ੍ਰਾਪਤ ਹੁੰਦੀ ਹੈ, ਸਾਧ ਸੰਗਤ ਵਿਚ ਰਹਿ ਕੇ ਗੁਰੂ-ਚਰਨਾਂ ਨਾਲ ਪਿਆਰ ਕੀਤਿਆਂ ਹੀ ਮਿਲਦੀ ਹੈ ॥੨॥
53986	1256	ਅਹਿ ਨਿਸਿ ਲਾਹਾ ਹਰਿ ਨਾਮੁ ਪਰਾਪਤਿ ਗੁਰੁ ਦਾਤਾ ਦੇਵਣਹਾਰੁ॥		Ahinis Laahaa Har Naam Paraapath Gur Dhaathaa Dhaevanehaar ||	Day and night, profit is obtained through the Lord's Name. The Guru, the Giver, has given this gift.	ਗੁਰੂ ਨਾਮ ਦੀ ਦਾਤ ਦੇਣ ਵਾਲਾ ਹੈ ਦੇਣ ਦੇ ਸਮਰੱਥ ਹੈ (ਜਿਸ ਮਨੁੱਖ ਉਤੇ ਕਰਤਾਰ ਦੀ ਨਜ਼ਰ ਹੁੰਦੀ ਹੈ, ਉਸ ਮਨੁੱਖ ਨੂੰ ਗੁਰੂ ਪਾਸੋਂ) ਦਿਨ ਰਾਤ ਪ੍ਰਭੂ-ਨਾਮ ਦਾ ਲਾਭ ਮਿਲਿਆ ਰਹਿੰਦਾ ਹੈ।
53987	1256	ਗੁਰਮੁਖਿ ਸਿਖ ਸੋਈ ਜਨੁ ਪਾਏ ਜਿਸ ਨੋ ਨਦਰਿ ਕਰੇ ਕਰਤਾਰੁ॥੩॥	(ਸਿੱਖ) ਸਿੱਖਿਆ	Guramukh Sikh Soee Jan Paaeae Jis No Nadhar Karae Karathaar ||3||	That Sikh who becomes Gurmukh obtains it. The Creator blesses him with His Glance of Grace. ||3||	ਗੁਰੂ ਦੇ ਸਨਮੁਖ ਹੋ ਕੇ ਸਿੱਖਿਆ ਭੀ ਉਹੀ ਮਨੁੱਖ ਲੈ ਸਕਦਾ ਹੈ ਜਿਸ ਉਤੇ ਕਰਤਾਰ ਮਿਹਰ ਦੀ ਨਜ਼ਰ ਕਰਦਾ ਹੈ ॥੩॥

53988	1256	ਕਾਇਆ ਮਹਲੁ ਮੰਦਰੁ ਘਰੁ ਹਰਿ ਕਾ ਤਿਸੁ ਮਹਿ ਰਾਖੀ ਜੋਤਿ ਅਪਾਰ॥		Kaaeiaa Mehal Mandhar Ghar Har Kaa This Mehi Raakhee Joth Apaar ||	The body is a mansion, a temple, the home of the Lord; He has infused His Infinite Light into it.	ਇਹ ਮਨੁੱਖਾ ਸਰੀਰ ਪਰਮਾਤਮਾ ਦਾ ਮਹਲ ਹੈ ਪਰਮਾਤਮਾ ਦਾ ਮੰਦਰ ਹੈ ਪਰਮਾਤਮਾ ਦਾ ਘਰ ਹੈ, ਬੇਅੰਤ ਪਰਮਾਤਮਾ ਨੇ ਇਸ ਵਿਚ ਆਪਣੀ ਜੋਤਿ ਟਿਕਾ ਰੱਖੀ ਹੈ।
53989	1256	ਨਾਨਕ ਗੁਰਮੁਖਿ ਮਹਲਿ ਬੁਲਾਈਐ ਹਰਿ ਮੇਲੇ ਮੇਲਣਹਾਰ॥੪॥੫॥		Naanak Guramukh Mehal Bulaaeeai Har Maelae Maelanehaar ||4||5||	O Nanak, the Gurmukh is invited to the Mansion of the Lord's Presence; the Lord unites him in His Union. ||4||5||	(ਜੀਵ ਆਪਣੇ ਹਿਰਦੇ-ਮਹਲ ਵਿਚ ਵੱਸਦੇ ਪ੍ਰਭੂ ਨੂੰ ਛੱਡ ਕੇ ਬਾਹਰ ਭਟਕਦਾ ਫਿਰਦਾ ਹੈ) ਹੇ ਨਾਨਕ! (ਬਾਹਰ ਭਟਕਦਾ ਜੀਵ) ਗੁਰੂ ਦੀ ਰਾਹੀਂ ਹੀ ਹਿਰਦੇ-ਮਹਲ ਵਿਚ ਮੋੜ ਕੇ ਲਿਆਂਦਾ ਜਾ ਸਕਦਾ ਹੈ, ਤੇ ਤਦੋਂ ਮੇਲਣ ਦੇ ਸਮਰੱਥ ਪ੍ਰਭੂ ਉਸ ਨੂੰ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ ॥੪॥੫॥
53990	1256	ਮਲਾਰ ਮਹਲਾ ੧ ਘਰੁ ੨		Malaar Mehalaa 1 Ghar 2	Malaar, First Mehl, Second House:	ਰਾਗ ਮਲਾਰ, ਘਰ ੨ ਵਿੱਚ ਗੁਰੂ ਨਾਨਕਦੇਵ ਜੀ ਦੀ ਬਾਣੀ।
53991	1256	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

53992	1256	ਪਵਣੈ ਪਾਣੀ ਜਾਣੈ ਜਾਤਿ॥		Pavanai Paanee Jaanai Jaath ||	Know that the creation was formed through air and water;	ਜੋ ਹਵਾ ਪਾਣੀ ਆਦਿਕ ਤੱਤਾਂ ਦੇ ਮੂਲ ਹਰੀ ਨੂੰ ਜਾਣ ਲਏ (ਭਾਵ, ਜੋ ਇਹ ਸਮਝੇ ਕਿ ਸਾਰੇ ਤੱਤਾਂ ਦਾ ਬਣਾਣ ਵਾਲਾ ਪਰਮਾਤਮਾ ਆਪ ਹੈ, ਤੇ ਉਸ ਨਾਲ ਡੂੰਘੀ ਸਾਂਝ ਪਾ ਲਏ),
53993	1256	ਕਾਇਆਂ ਅਗਨਿ ਕਰੇ ਨਿਭਰਾਂਤਿ॥	(ਨਿਭਰਾਂਤਿ) ਸ਼ਾਂਤ	Kaaeiaaan Agan Karae Nibharaanth ||	Have no doubt that the body was made through fire.	ਜੋ ਆਪਣੇ ਸਰੀਰ ਦੀ ਤ੍ਰਿਸ਼ਨਾ-ਅੱਗ ਨੂੰ ਸ਼ਾਂਤ ਕਰ ਲਏ,
53994	1256	ਜੰਮਹਿ ਜੀਅ ਜਾਣੈ ਜੇ ਥਾਉ॥		Janmehi Jeea Jaanai Jae Thhaao ||	And if you know where the soul comes from,	ਜੇ ਉਸ ਅਸਲੇ ਨਾਲ ਜਾਣ-ਪਛਾਣ ਪਾਏ ਜਿਸ ਤੋਂ ਸਾਰੇ ਜੀਅ ਜੰਤ ਪੈਦਾ ਹੁੰਦੇ ਹਨ
53995	1256	ਸੁਰਤਾ ਪੰਡਿਤੁ ਤਾ ਕਾ ਨਾਉ॥੧॥		Surathaa Panddith Thaa Kaa Naao ||1||	You shall be known as a wise religious scholar. ||1||	(ਹਾਂ) ਉਸ ਮਨੁੱਖ ਦਾ ਨਾਮ ਸਿਆਣਾ ਪੰਡਿਤ (ਰੱਖਿਆ ਜਾ ਸਕਦਾ) ਹੈ ॥੧॥
53996	1256	ਗੁਣ ਗੋਬਿੰਦ ਨ ਜਾਣੀਅਹਿ ਮਾਇ॥	ਜਾਣੀ-ਅਹਿ	Gun Gobindh N Jaaneeahi Maae ||	Who can know the Glorious Praises of the Lord of the Universe, O mother?	ਹੇ ਮਾਂ! ਗੋਬਿੰਦ ਦੇ ਗੁਣ (ਪੂਰੇ ਤੌਰ ਤੇ) ਜਾਣੇ ਨਹੀਂ ਜਾ ਸਕਦੇ,
53997	1256	ਅਣਡੀਠਾ ਕਿਛੁ ਕਹਣੁ ਨ ਜਾਇ॥		Anaddeethaa Kishh Kehan N Jaae ||	Without seeing Him, we cannot say anything about Him.	(ਉਹ ਗੋਬਿੰਦ ਇਹਨਾਂ ਅੱਖਾਂ ਨਾਲ) ਦਿੱਸਦਾ ਨਹੀਂ, (ਇਸ ਵਾਸਤੇ ਉਸ ਦੇ ਸਹੀ ਸਰੂਪ ਬਾਬਤ) ਕੁਝ ਆਖਿਆ ਨਹੀਂ ਜਾ ਸਕਦਾ।

53998	1256	ਕਿਆ ਕਰਿ ਆਖਿ ਵਖਾਣੀਐ ਮਾਇ॥੧॥ਰਹਾਉ॥		Kiaa Kar Aakh Vakhaaneeai Maae ||1|| Rehaao ||	How can anyone speak and describe Him, O mother? ||1||Pause||	ਹੇ ਮਾਂ! ਕੀਹ ਆਖ ਕੇ ਉਸ ਦਾ ਸਰੂਪ ਬਿਆਨ ਕੀਤਾ ਜਾਏ? (ਜੇਹੜੇ ਮਨੁੱਖ ਆਪਣੇ ਆਪ ਨੂੰ ਵਿਦਵਾਨ ਸਮਝ ਕੇ ਉਸ ਪ੍ਰਭੂ ਦਾ ਅਸਲ ਸਰੂਪ ਬਿਆਨ ਕਰਨ ਦਾ ਜਤਨ ਕਰਦੇ ਹਨ, ਉਹ ਭੁੱਲ ਕਰਦੇ ਹਨ। ਇਸ ਉੱਦਮ ਵਿਚ ਕੋਈ ਸੋਭਾ ਨਹੀਂ) ॥੧॥ ਰਹਾਉ ॥
53999	1256	ਊਪਰਿ ਦਰਿ ਅਸਮਾਨਿ ਪਇਆਲਿ॥	ਪ-ਇਆਲਿ	Oopar Dhar Asamaan Paeiaal ||	He is high above the sky, and beneath the nether worlds.	ਉਤਾਹ ਹੇਠਾਂਹ ਅਸਮਾਨ ਵਿਚ ਪਾਤਾਲ ਵਿਚ (ਹਰ ਥਾਂ ਪਰਮਾਤਮਾ ਵਿਆਪਕ ਹੈ, ਫਿਰ ਭੀ ਉਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ।)
54000	1256	ਕਿਉ ਕਰਿ ਕਹੀਐ ਦੇਹੁ ਵੀਚਾਰਿ॥		Kio Kar Keheeai Dhaehu Veechaar ||	How can I speak of Him? Let me understand.	(ਹੇ ਭਾਈ!) ਵਿਚਾਰ ਕਰ ਕੇ ਕੋਈ ਧਿਰ ਭੀ (ਜੇ ਦੇ ਸਕਦੇ ਹੋ ਤਾਂ) ਉੱਤਰ ਦੇਹੋ ਕਿ (ਉਸ ਪ੍ਰਭੂ ਬਾਰੇ) ਕਿਵੇਂ ਕੁਝ ਕਹਿਆ ਜਾ ਸਕਦਾ ਹੈ?
54001	1256	ਬਿਨੁ ਜਿਹਵਾ ਜੋ ਜਪੈ ਹਿਆਇ॥		Bin Jihavaa Jo Japai Hiaae ||	Who knows what sort of Name is chanted,	(ਪਰਮਾਤਮਾ ਦਾ ਸਰੂਪ ਬਿਆਨ ਕਰਨਾ ਤਾਂ ਅਸੰਭਵ ਹੈ, ਪਰ) ਜੇ ਕੋਈ ਮਨੁੱਖ ਵਿਖਾਵਾ ਛੱਡ ਕੇ ਆਪਣੇ ਹਿਰਦੇ ਵਿਚ ਉਸ ਦਾ ਨਾਮ ਜਪਦਾ ਰਹੇ,

54002	1256	ਕੋਈ ਜਾਣੈ ਕੈਸਾ ਨਾਉ॥੨॥		Koee Jaanai Kaisaa Naao ||2||	In the heart, without the tongue? ||2||	ਤਾਂ ਕੋਈ ਇਹੋ ਜਿਹਾ ਮਨੁੱਖ ਹੀ ਇਹ ਸਮਝ ਲੈਂਦਾ ਹੈ ਕਿ ਉਸ ਪਰਮਾਤਮਾ ਦਾ ਨਾਮ ਜਪਣ ਵਿਚ ਆਨੰਦ ਕਿਹੋ ਜਿਹਾ ਹੈ ॥੨॥
54003	1256	ਕਥਨੀ ਬਦਨੀ ਰਹੈ ਨਿਭਰਾਂਤਿ॥	ਨਿ-ਭਰਾਂਤਿ	Kathhanee Badhanee Rehai Nibharaanth ||	Undoubtedly, words fail me.	ਉਹ ਮਨੁੱਖ (ਚੁੰਚ-ਗਿਆਨਤਾ ਦੀਆਂ ਗੱਲਾਂ) ਕਹਿਣ ਬੋਲਣ ਵਲੋਂ ਰੁਕ ਜਾਂਦਾ ਹੈ,
54004	1256	ਸੋ ਬੂਝੈ ਹੋਵੈ ਜਿਸੁ ਦਾਤਿ॥		So Boojhai Hovai Jis Dhaath ||	He alone understands, who is blessed.	ਜਿਸ ਮਨੁੱਖ ਉਤੇ ਪਰਮਾਤਮਾ ਦੀ ਬਖ਼ਸ਼ਸ਼ ਹੋਵੇ। ਉਹ ਸਮਝ ਲੈਂਦਾ ਹੈ (ਕਿ ਸਾਰੀ ਸ੍ਰਿਸ਼ਟੀ ਦਾ ਰਚਨਹਾਰ ਮੂਲ ਪ੍ਰਭੂ ਆਪ ਹੀ ਹੈ)।
54005	1256	ਅਹਿ ਨਿਸਿ ਅੰਤਰਿ ਰਹੈ ਲਿਵ ਲਾਇ॥		Ahinis Anthar Rehai Liv Laae ||	Day and night, deep within, he remains lovingly attuned to the Lord.	(ਫਿਰ) ਉਹ ਦਿਨ ਰਾਤ (ਹਰ ਵੇਲੇ) ਆਪਣੇ ਅੰਤਰ-ਆਤਮੇ ਪ੍ਰਭੂ-ਚਰਨਾਂ ਵਿਚ ਸੁਰਤ ਜੋੜੀ ਰੱਖਦਾ ਹੈ।
54006	1256	ਸੋਈ ਪੁਰਖੁ ਜਿ ਸਚਿ ਸਮਾਇ॥੩॥		Soee Purakh J Sach Samaae ||3||	He is the true person, who is merged in the True Lord. ||3||	ਉਹੀ ਹੈ ਅਸਲ ਮਨੁੱਖ ਜੇਹੜਾ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦਾ ਹੈ ॥੩॥
54007	1256	ਜਾਤਿ ਕੁਲੀਨੁ ਸੇਵਕੁ ਜੇ ਹੋਇ॥		Jaath Kuleen Saevak Jae Hoe ||	If someone of high social standing becomes a selfless servant,	ਜੇ ਕੋਈ ਮਨੁੱਖ ਉੱਚੀ ਜਾਤਿ ਦਾ ਜਾਂ ਉੱਚੀ ਕੁਲ ਦਾ ਹੋ ਕੇ (ਜਾਤਿ ਕੁਲ ਦਾ ਅਹੰਕਾਰ ਛੱਡ ਕੇ) ਪਰਮਾਤਮਾ ਦਾ ਭਗਤ ਬਣ ਜਾਏ,

54008	1256	ਤਾ ਕਾ ਕਹਣਾ ਕਹਹੁ ਨ ਕੋਇ॥		Thaa Kaa Kehanaa Kehahu N Koe ||	Then his praises cannot even be expressed.	ਉਸ ਦਾ ਤਾਂ ਕਹਿਣਾ ਹੀ ਕੀਹ ਹੋਇਆ? (ਭਾਵ, ਉਸ ਦੀ ਪੂਰੀ ਸਿਫ਼ਤ ਕੀਤੀ ਹੀ ਨਹੀਂ ਜਾ ਸਕਦੀ)।
54009	1256	ਵਿਚਿ ਸਨਾਤੀ ਸੇਵਕੁ ਹੋਇ॥		Vich Sanaathanaee Saevak Hoe ||	And if someone from a low social class becomes a selfless servant,	(ਪਰ) ਨੀਵੀਂ ਜਾਤਿ ਵਿਚੋਂ ਭੀ ਜੰਮ ਕੇ ਜੇ ਕੋਈ ਪ੍ਰਭੂ ਦਾ ਭਗਤ ਬਣਦਾ ਹੈ,
54010	1256	ਨਾਨਕ ਪਣ੍ਹੀਆ ਪਹਿਰੈ ਸੋਇ॥੪॥੧॥੬॥	(ਪਣ੍ਹੀਆ) ਜੁੱਤੀ	Naanak Panheeaa Pehirai Soe ||4||1||6||	O Nanak, he shall wear shoes of honor. ||4||1||6||	ਤਾਂ ਹੇ ਨਾਨਕ! (ਬੇਸ਼ੱਕ) ਉਹ ਮੇਰੀ ਚਮੜੀ ਦੀਆਂ ਜੁੱਤੀਆਂ ਬਣਾ ਕੇ ਪਹਿਨ ਲਏ ॥੪॥੧॥੬॥
54011	1256	ਮਲਾਰ ਮਹਲਾ ੧॥		Malaar Mehalaa 1 ||	Malaar, First Mehl:	
54012	1256	ਦੁਖੁ ਵੇਛੋੜਾ ਇਕੁ ਦੁਖੁ ਭੂਖ॥		Dhukh Vaeshhorraa Eik Dhukh Bhookh ||	The pain of separation - this is the hungry pain I feel.	(ਹੇ ਵੈਦ! ਮਨੁੱਖ ਲਈ ਸਭ ਤੋਂ ਵੱਡਾ) ਰੋਗ ਹੈ ਪਰਮਾਤਮਾ ਦੇ ਚਰਨਾਂ ਤੋਂ ਵਿਛੋੜਾ, ਦੂਜਾ ਰੋਗ ਹੈ ਮਾਇਆ ਦੀ ਭੁੱਖ।
54013	1256	ਇਕੁ ਦੁਖੁ ਸਕਤਵਾਰ ਜਮਦੂਤ॥	(ਸਕਤਵਾਰ) ਤਾਕਤ ਵਾਲੇ	Eik Dhukh Sakathavaar Jamadhooth ||	Another pain is the attack of the Messenger of Death.	ਇਕ ਹੋਰ ਰੋਗ ਭੀ ਹੈ, ਉਹ ਹੈ ਡਾਢੇ ਜਮਦੂਤ (ਭਾਵ, ਜਮਦੂਤਾਂ ਦਾ ਡਰ, ਮੌਤ ਦਾ ਡਰ)।

54014	1256	ਇਕੁ ਦੁਖੁ ਰੋਗੁ ਲਗੈ ਤਨਿ ਧਾਇ॥		Eik Dhukh Rog Lagai Than Dhhaae ||	Another pain is the disease consuming my body.	ਤੇ ਇਹ ਉਹ ਦੁੱਖ ਹੈ ਉਹ ਰੋਗ ਹੈ ਜੋ ਮਨੁੱਖ ਦੇ ਸਰੀਰ ਵਿਚ ਆ ਚੰਬੜਦਾ ਹੈ (ਜਦ ਤਕ ਸਰੀਰਕ ਰੋਗ ਪੈਦਾ ਕਰਨ ਵਾਲੇ ਮਾਨਸਕ ਰੋਗ ਮੌਜੂਦ ਹਨ, ਤੇਰੀ ਦਵਾਈ ਕਾਟ ਨਹੀਂ ਕਰ ਸਕਦੀ)
54015	1256	ਵੈਦ ਨ ਭੋਲੇ ਦਾਰੂ ਲਾਇ॥੧॥		Vaidh N Bholae Dhaaroo Laae ||1||	O foolish doctor, don't give me medicine. ||1||	ਹੇ ਭੋਲੇ ਵੈਦ! ਤੂੰ ਦਵਾਈ ਨਾਹ ਦੇਹ (ਕਿਸ ਕਿਸ ਰੋਗ ਦਾ ਤੂੰ ਇਲਾਜ ਕਰੇਂਗਾ?) ॥੧॥
54016	1256	ਵੈਦ ਨ ਭੋਲੇ ਦਾਰੂ ਲਾਇ॥		Vaidh N Bholae Dhaaroo Laae ||	O foolish doctor, don't give me medicine.	ਹੇ ਭੋਲੇ ਵੈਦ! ਤੂੰ ਦਵਾਈ ਨਾਹ ਦੇਹ।
54017	1256	ਦਰਦੁ ਹੋਵੈ ਦੁਖੁ ਰਹੈ ਸਰੀਰ॥		Dharadh Hovai Dhukh Rehai Sareer ||	The pain persists, and the body continues to suffer.	(ਜਿਸ ਦਵਾਈ ਦੇ ਵਰਤਿਆਂ ਫਿਰ ਭੀ) ਸਰੀਰ ਦਾ ਦੁੱਖ ਦਰਦ ਟਿਕਿਆ ਹੀ ਰਹੇ,
54018	1256	ਐਸਾ ਦਾਰੂ ਲਗੈ ਨ ਬੀਰ॥੧॥ਰਹਾਉ॥		Aisaa Dhaaroo Lagai N Beer ||1|| Rehaao ||	Your medicine has no effect on me. ||1||Pause||	ਹੇ ਅੰਞਾਣ ਵੈਦ! ਹੇ ਵੀਰ ਵੈਦ! ਅਜੇਹੀ ਦਵਾਈ ਦੇਣ ਦਾ ਕੋਈ ਲਾਭ ਨਹੀਂ, ਅਜੇਹੀ ਦਵਾਈ ਕੋਈ ਅਸਰ ਨਹੀਂ ਕਰਦੀ ॥੧॥ ਰਹਾਉ ॥
54019	1256	ਖਸਮੁ ਵਿਸਾਰਿ ਕੀਏ ਰਸ ਭੋਗ॥		Khasam Visaar Keeeae Ras Bhog ||	Forgetting his Lord and Master, the mortal enjoys sensual pleasures;	ਜਦੋਂ ਮਨੁੱਖ ਨੇ ਪ੍ਰਭੂ-ਪਤੀ ਨੂੰ ਭੁਲਾ ਕੇ (ਵਿਸ਼ੇ-ਵਿਕਾਰਾਂ ਦੇ) ਰਸ ਮਾਣਨੇ ਸ਼ੁਰੂ ਕਰ ਦਿੱਤੇ,
54020	1256	ਤਾਂ ਤਨਿ ਉਠਿ ਖਲੋਏ ਰੋਗ॥		Thaan Than Outh Khaloeae Rog ||	Then, disease rises up in his body.	ਤਾਂ ਉਸ ਦੇ ਸਰੀਰ ਵਿਚ ਬੀਮਾਰੀਆਂ ਪੈਦਾ ਹੋਣ ਲਗ ਪਈਆਂ।

54021	1256	ਮਨ ਅੰਧੇ ਕਉ ਮਿਲੈ ਸਜਾਇ॥		Man Andhhae Ko Milai Sajaae ||	The blind mortal receives his punishment.	(ਕੁਰਾਹੇ ਪਏ ਮਨੁੱਖ ਨੂੰ ਸਹੀ ਰਸਤੇ ਤੇ ਪਾਣ ਲਈ, ਇਸ ਦੇ) ਮਾਇਆ-ਮੋਹ ਵਿਚ ਅੰਨ੍ਹੇ ਹੋਏ ਮਨ ਨੂੰ (ਸਰੀਰਕ ਰੋਗਾਂ ਦੀ ਰਾਹੀਂ) ਸਜ਼ਾ ਮਿਲਦੀ ਹੈ।
54022	1256	ਵੈਦ ਨ ਭੋਲੇ ਦਾਰੂ ਲਾਇ॥੨॥		Vaidh N Bholae Dhaaroo Laae ||2||	O foolish doctor, don't give me medicine. ||2||	ਸੋ, ਹੇ ਅੰਞਾਣ ਵੈਦ! (ਸਰੀਰਕ ਰੋਗਾਂ ਨੂੰ ਦੂਰ ਕਰਨ ਵਾਸਤੇ ਦਿੱਤੀ) ਤੇਰੀ ਦਵਾਈ ਦਾ ਕੋਈ ਲਾਭ ਨਹੀਂ (ਵਿਸ਼ੇ-ਵਿਕਾਰਾਂ ਦੇ ਕਾਰਨ ਇਹ ਰੋਗ ਤਾਂ ਮੁੜ ਮੁੜ ਪੈਦਾ ਹੋਣਗੇ) ॥੨॥
54023	1256	ਚੰਦਨ ਕਾ ਫਲੁ ਚੰਦਨ ਵਾਸੁ॥		Chandhan Kaa Fal Chandhan Vaas ||	The value of sandalwood lies in its fragrance.	ਚੰਦਨ ਦਾ ਰੁੱਖ ਤਦੋਂ ਤਕ ਚੰਦਨ ਹੈ ਜਦ ਤਕ ਵਿਚ ਚੰਦਨ ਦੀ ਸੁਗੰਧੀ ਹੈ (ਸੁਗੰਧੀ ਤੋਂ ਬਿਨਾ ਇਹ ਸਾਧਾਰਨ ਲੱਕੜੀ ਹੀ ਹੈ)।
54024	1256	ਮਾਣਸ ਕਾ ਫਲੁ ਘਟ ਮਹਿ ਸਾਸੁ॥		Maanas Kaa Fal Ghatt Mehi Saas ||	The value of the human lasts only as long as the breath in the body.	ਮਨੁੱਖਾ ਸਰੀਰ ਤਦੋਂ ਤਕ ਮਨੁੱਖਾ ਸਰੀਰ ਹੈ ਜਦ ਤਕ ਇਸ ਸਰੀਰ ਵਿਚ ਸਾਹ ਚੱਲ ਰਿਹਾ ਹੈ।
54025	1256	ਸਾਸਿ ਗਇਐ ਕਾਇਆ ਢਲਿ ਪਾਇ॥		Saas Gaeiai Kaaeiaa Dtal Paae ||	When the breath is taken away, the body crumbles into dust.	ਸੁਆਸ ਨਿਕਲ ਜਾਣ ਤੇ ਸਰੀਰ ਮਿੱਟੀ ਹੋ ਜਾਂਦਾ ਹੈ।

54026	1256	ਤਾ ਕੈ ਪਾਛੈ ਕੋਇ ਨ ਖਾਇ॥੩॥		Thaa Kai Paashhai Koe N Khaae ||3||	After that, no one takes any food. ||3||	ਸਰੀਰ ਦੇ ਮਿੱਟੀ ਹੋ ਜਾਣ ਪਿਛੋਂ ਕੋਈ ਭੀ ਮਨੁੱਖ ਦਵਾਈ ਨਹੀਂ ਖਾਂਦਾ (ਪਰ ਇਹ ਸਰੀਰ ਵਿਚੋਂ ਨਿਕਲ ਜਾਣ ਵਾਲਾ ਜੀਵਾਤਮਾ ਤਾਂ ਵਿਛੋੜੇ ਅਤੇ ਤ੍ਰਿਸ਼ਨਾ ਆਦਿਕ ਰੋਗਾਂ ਨਾਲ ਗ੍ਰਸਿਆ ਹੋਇਆ ਹੀ ਜਾਂਦਾ ਹੈ। ਹੇ ਵੈਦ! ਦਵਾਈ ਦੀ ਅਸਲ ਲੋੜ ਤਾਂ ਉਸ ਜੀਵਾਤਮਾ ਨੂੰ ਹੈ) ॥੩॥
54027	1256	ਕੰਚਨ ਕਾਇਆ ਨਿਰਮਲ ਹੰਸੁ॥		Kanchan Kaaeiaa Niramal Hans ||	The mortal's body is golden, and the soul-swan is immaculate and pure,	(ਹੇ ਵੈਦ!) ਉਹ ਸਰੀਰ ਸੋਨੇ ਵਰਗਾ ਸੁੱਧ ਰਹਿੰਦਾ ਹੈ, ਉਸ ਵਿਚ ਵੱਸਦਾ ਜੀਵਾਤਮਾ ਭੀ ਨਰੋਆ ਰਹਿੰਦਾ ਹੈ,
54028	1256	ਜਿਸੁ ਮਹਿ ਨਾਮੁ ਨਿਰੰਜਨ ਅੰਸੁ॥		Jis Mehi Naam Niranjan Ans ||	If even a tiny particle of the Immaculate Naam is within.	ਜਿਸ ਸਰੀਰ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੈ, ਪਰਮਾਤਮਾ ਦੀ ਜੋਤਿ (ਲਿਸ਼ਕਾਰਾ ਮਾਰਦੀ) ਹੈ।
54029	1256	ਦੂਖ ਰੋਗ ਸਭਿ ਗਇਆ ਗਵਾਇ॥		Dhookh Rog Sabh Gaeiaa Gavaae ||	All pain and disease are eradicated.	ਉਹ ਜੀਵਾਤਮਾ ਆਪਣੇ ਸਾਰੇ ਰੋਗ ਦੂਰ ਕਰ ਕੇ ਇਥੋਂ ਜਾਂਦਾ ਹੈ।
54030	1256	ਨਾਨਕ ਛੂਟਸਿ ਸਾਚੈ ਨਾਇ॥੪॥੨॥੭॥		Naanak Shhoottas Saachai Naae ||4||2||7||	O Nanak, the mortal is saved through the True Name. ||4||2||7||	ਹੇ ਨਾਨਕ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜ ਕੇ ਹੀ ਜੀਵ (ਤ੍ਰਿਸ਼ਨਾ ਆਦਿਕ ਰੋਗਾਂ ਤੋਂ) ਖ਼ਲਾਸੀ ਹਾਸਲ ਕਰੇਗਾ ॥੪॥੨॥੭॥
54031	1256	ਮਲਾਰ ਮਹਲਾ ੧॥		Malaar Mehalaa 1 ||	Malaar, First Mehl:	

54032	1256	ਦੁਖ ਮਹੁਰਾ ਮਾਰਣ ਹਰਿ ਨਾਮੁ॥		Dhukh Mahuraa Maaran Har Naam ||	Pain is the poison. The Lord's Name is the antidote.	(ਦੁਨੀਆ ਦੇ) ਦੁੱਖ-ਕਲੇਸ਼ (ਇਨਸਾਨੀ ਜੀਵਨ ਲਈ) ਜ਼ਹਰ ਹਨ, (ਪਰ, ਹੇ ਭਾਈ!) ਜੇ ਇਸ ਜ਼ਹਰ ਦਾ ਕੁਸ਼ਤਾ ਕਰਨ ਲਈ) ਪਰਮਾਤਮਾ ਦਾ ਨਾਮ ਤੂੰ (ਜੜ੍ਹੀ ਬੂਟੀਆਂ ਆਦਿਕ) ਮਸਾਲੇ (ਦੇ ਥਾਂ) ਵਰਤੇਂ,
54033	1256	ਸਿਲਾ ਸੰਤੋਖ ਪੀਸਣੁ ਹਥਿ ਦਾਨੁ॥		Silaa Santhokh Peesan Hathh Dhaan ||	Grind it up in the mortar of contentment, with the pestle of charitable giving.	(ਉਸ ਕੁਸ਼ਤੇ ਨੂੰ ਬਾਰੀਕ ਕਰਨ ਲਈ) ਸੰਤੋਖ ਦੀ ਸਿਲ ਬਣਾਏਂ, ਅਤੇ (ਲੋੜਵੰਦਿਆਂ ਦੀ ਸਹਾਇਤਾ ਕਰਨ ਲਈ) ਦਾਨ ਨੂੰ ਆਪਣੇ ਹੱਥ ਵਿਚ ਪੀਹਣ ਵਾਲਾ ਪੱਥਰ ਦਾ ਵੱਟਾ ਬਣਾਏਂ।
54034	1257	ਨਿਤ ਨਿਤ ਲੇਹੁ ਨ ਛੀਜੈ ਦੇਹ॥		Nith Nith Laehu N Shheejai Dhaeh ||	Take it each and every day, and your body shall not waste away.	(ਇਹ ਤਿਆਰ ਹੋਇਆ ਕੁਸ਼ਤਾ) ਜੇ ਤੂੰ ਸਦਾ ਖਾਂਦਾ ਰਹੇਂ, ਤਾਂ ਇਸ ਤਰ੍ਹਾਂ ਮਨੁੱਖਾ ਜਨਮ ਤੋਂ ਹੇਠ ਵਲ ਦੀਆਂ ਜੂਨਾਂ ਵਿਚ ਨਹੀਂ ਜਾਈਦਾ,
54035	1257	ਅੰਤ ਕਾਲਿ ਜਮੁ ਮਾਰੈ ਠੇਹ॥੧॥		Anth Kaal Jam Maarai Thaeh ||1||	At the very last instant, you shall strike down the Messenger of Death. ||1||	ਨਾਹ ਹੀ ਅੰਤ ਵੇਲੇ ਮੌਤ (ਦਾ ਡਰ) ਪਟਕ ਕੇ ਮਾਰਦਾ ਹੈ ॥੧॥
54036	1257	ਐਸਾ ਦਾਰੂ ਖਾਹਿ ਗਵਾਰ॥		Aisaa Dhaaroo Khaahi Gavaar ||	So take such medicine, O fool,	ਹੇ ਮੂਰਖ ਜੀਵ! ਅਜੇਹੀ ਦਵਾਈ ਖਾਹ,

54037	1257	ਜਿਤੁ ਖਾਧੈ ਤੇਰੇ ਜਾਹਿ ਵਿਕਾਰ॥੧॥ਰਹਾਉ॥		Jith Khaadhhai Thaerae Jaahi Vikaar ||1|| Rehaao ||	By which your corruption shall be taken away. ||1||Pause||	ਜਿਸ ਦੇ ਖਾਧਿਆਂ ਤੇਰੇ ਮੰਦ ਕਰਮ (ਸਾਰੇ) ਨਾਸ ਹੋ ਜਾਣ ॥੧॥ ਰਹਾਉ ॥
54038	1257	ਰਾਜੁ ਮਾਲੁ ਜੋਬਨੁ ਸਭੁ ਛਾਂਵ॥		Raaj Maal Joban Sabh Shhaanv ||	Power, wealth and youth are all just shadows,	(ਹੇ ਗਵਾਰ ਜੀਵ!) ਦੁਨੀਆ ਦਾ ਰਾਜ ਧਨ-ਪਦਾਰਥ ਤੇ ਜੁਆਨੀ (ਜਿਨ੍ਹਾਂ ਦੇ ਨਸ਼ੇ ਨੇ ਤੇਰੀਆਂ ਅੱਖਾਂ ਅੱਗੇ ਹਨੇਰਾ ਲਿਆਂਦਾ ਹੋਇਆ ਹੈ) ਇਹ ਸਭ ਕੁਝ ਅਸਲੀਅਤ ਦੇ ਪਰਛਾਵੇਂ ਹਨ,
54039	1257	ਰਥਿ ਫਿਰੰਦੈ ਦੀਸਹਿ ਥਾਵ॥		Rathh Firandhai Dheesehi Thhaav ||	As are the vehicles you see moving around.	ਜਦੋਂ ਸੂਰਜ ਚੜ੍ਹਦਾ ਹੈ ਤਾਂ (ਹਨੇਰਾ ਦੂਰ ਹੋ ਕੇ) ਅਸਲੀ ਥਾਂ (ਪ੍ਰਤੱਖ) ਦਿੱਸ ਪੈਂਦੇ ਹਨ।
54040	1257	ਦੇਹ ਨ ਨਾਉ ਨ ਹੋਵੈ ਜਾਤਿ॥		Dhaeh N Naao N Hovai Jaath ||	Neither your body, nor your fame, nor your social status shall go along with you.	(ਤੂੰ ਜੁਆਨੀ ਦਾ, ਨਾਮਣੇ ਦਾ, ਉੱਚੀ ਜਾਤਿ ਦਾ ਮਾਣ ਕਰਦਾ ਹੈਂ, ਪ੍ਰਭੂ ਦੇ ਦਰ ਤੇ) ਨਾਹ ਸਰੀਰ, ਨਾਹ ਨਾਮਣਾ, ਨਾਹ ਉੱਚੀ ਜਾਤਿ ਕੋਈ ਭੀ ਕਬੂਲ ਨਹੀਂ ਹੈ,
54041	1257	ਓਥੈ ਦਿਹੁ ਐਥੈ ਸਭ ਰਾਤਿ॥੨॥		Outhhai Dhihu Aithhai Sabh Raath ||2||	In the next world it is day, while here, it is all night. ||2||	ਕਿਉਂਕਿ ਉਸ ਦੀ ਹਜ਼ੂਰੀ ਵਿਚ (ਗਿਆਨ ਦਾ) ਦਿਨ ਚੜ੍ਹਿਆ ਰਹਿੰਦਾ ਹੈ, ਤੇ ਇਥੇ ਦੁਨੀਆ ਵਿਚ (ਮਾਇਆ ਦੇ ਮੋਹ ਦੀ) ਰਾਤ ਪਈ ਰਹਿੰਦੀ ਹੈ ॥੨॥

54042	1257	ਸਾਦ ਕਰਿ ਸਮਧਾਂ ਤ੍ਰਿਸਨਾ ਘਿਉ ਤੇਲੁ॥	ਸਮਧਾਂ:ਪੋਲਾ ਬੋਲੋ। (ਸਮਧਾਂ) ਲੱਕੜਾਂ	Saadh Kar Samadhhaan Thrisanaa Ghio Thael ||	Let your taste for pleasures be the firewood, let your greed be the ghee,	(ਹੇ ਗਵਾਰ ਜੀਵ!) ਦੁਨੀਆ ਦੇ ਪਦਾਰਥਾਂ ਦੇ ਸੁਆਦਾਂ ਨੂੰ ਹਵਨ ਦੀ ਲੱਕੜੀ ਬਣਾ, ਮਾਇਆ ਦੀ ਤ੍ਰਿਸ਼ਨਾ ਨੂੰ (ਹਵਨ ਵਾਸਤੇ) ਘਿਉ ਤੇ ਤੇਲ ਬਣਾ;
54043	1257	ਕਾਮੁ ਕ੍ਰੋਧੁ ਅਗਨੀ ਸਿਉ ਮੇਲੁ॥		Kaam Krodhh Aganee Sio Mael ||	And your sexual desire and anger the cooking oil; burn them in the fire.	ਕਾਮ ਤੇ ਕ੍ਰੋਧ ਨੂੰ ਅੱਗ ਬਣਾ, ਇਹਨਾਂ ਸਭਨਾਂ ਨੂੰ ਇਕੱਠਾ ਕਰ (ਤੇ ਬਾਲ ਕੇ ਹਵਨ ਕਰ ਦੇ)।
54044	1257	ਹੋਮ ਜਗ ਅਰੁ ਪਾਠ ਪੁਰਾਣ॥		Hom Jag Ar Paath Puraan ||	Some make burnt offerings, hold sacred feasts, and read the Puraanas.	ਇਹ ਹੈ ਹਵਨ, ਇਹੀ ਹੈ ਜੱਗ, ਇਹੀ ਹੈ ਪੁਰਾਣ ਆਦਿਕਾਂ ਦੇ ਪਾਠ-
54045	1257	ਜੋ ਤਿਸੁ ਭਾਵੈ ਸੋ ਪਰਵਾਣ॥੩॥		Jo This Bhaavai So Paravaan ||3||	Whatever pleases God is acceptable. ||3||	ਜੋ ਕੁਝ ਪਰਮਾਤਮਾ ਨੂੰ ਭਾਉਂਦਾ ਹੈ ਉਸ ਨੂੰ ਸਿਰ-ਮੱਥੇ ਤੇ ਮੰਨਣਾ- ॥੩॥
54046	1257	ਤਪੁ ਕਾਗਦੁ ਤੇਰਾ ਨਾਮੁ ਨੀਸਾਨੁ॥		Thap Kaagadh Thaeraa Naam Neesaan ||	Intense meditation is the paper, and Your Name is the insignia.	ਹੇ ਪ੍ਰਭੂ! (ਤੇਰੇ ਚਰਨਾਂ ਵਿਚ ਜੁੜਨ ਲਈ ਉੱਦਮ ਆਦਿਕ) ਤਪ (ਜੀਵ ਦੀ ਕਰਣੀ-ਰੂਪ) ਕਾਗ਼ਜ਼ ਹੈ, ਤੇਰੇ ਨਾਮ ਦਾ ਸਿਮਰਨ ਉਸ ਕਾਗ਼ਜ਼ ਉਤੇ ਲਿਖੀ ਰਾਹਦਾਰੀ ਹੈ।
54047	1257	ਜਿਨ ਕਉ ਲਿਖਿਆ ਏਹੁ ਨਿਧਾਨੁ॥		Jin Ko Likhiaa Eaehu Nidhhaan ||	Those for whom this treasure is ordered,	ਇਹ ਖ਼ਜ਼ਾਨਾ, ਇਹ ਲਿਖਿਆ ਹੋਇਆ ਪਰਵਾਨਾ ਜਿਸ ਜਿਸ ਬੰਦੇ ਨੂੰ ਮਿਲ ਜਾਂਦਾ ਹੈ,

54048	1257	ਸੇ ਧਨਵੰਤ ਦਿਸਹਿ ਘਰਿ ਜਾਇ॥		Sae Dhhanavanth Dhisehi Ghar Jaae ||	Look wealthy when they reach their true home.	ਉਹ ਬੰਦੇ ਪ੍ਰਭੂ ਦੇ ਦਰ ਤੇ ਪਹੁੰਚ ਕੇ ਧਨਾਢ ਦਿੱਸਦੇ ਹਨ।
54049	1257	ਨਾਨਕ ਜਨਨੀ ਧੰਨੀ ਮਾਇ॥੪॥੩॥੮॥		Naanak Jananee Dhhannee Maae ||4||3||8||	O Nanak, blessed is that mother who gave birth to them. ||4||3||8||	ਹੇ ਨਾਨਕ! ਅਜੇਹੇ ਬੰਦੇ ਦੀ ਜੰਮਣ ਵਾਲੀ ਮਾਂ (ਬੜੇ) ਭਾਗਾਂ ਵਾਲੀ ਹੈ ॥੪॥੩॥੮॥
54050	1257	ਮਲਾਰ ਮਹਲਾ ੧॥		Malaar Mehalaa 1 ||	Malaar, First Mehl:	
54051	1257	ਬਾਗੇ ਕਾਪੜ ਬੋਲੈ ਬੈਣ॥		Baagae Kaaparr Bolai Bain ||	You wear white clothes, and speak sweet words.	(ਜਿਵੇਂ) ਚਿੱਟੇ ਖੰਭਾਂ ਵਾਲੀ (ਕੂੰਜ ਮਿੱਠੇ) ਬੋਲ ਬੋਲਦੀ ਹੈ,
54052	1257	ਲੰਮਾ ਨਕੁ ਕਾਲੇ ਤੇਰੇ ਨੈਣ॥		Lanmaa Nak Kaalae Thaerae Nain ||	Your nose is sharp, and your eyes are black.	(ਤਿਵੇਂ ਹੇ ਭੈਣ!) (ਤੇਰਾ ਭੀ ਸੋਹਣਾ ਰੰਗ ਹੈ, ਬੋਲ ਭੀ ਮਿੱਠੇ ਹਨ, ਤੇਰੇ ਨਕਸ਼ ਭੀ ਤਿੱਖੇ ਹਨ) ਤੇਰਾ ਨੱਕ ਲੰਮਾ ਹੈ, ਤੇਰੇ ਨੇਤ੍ਰ ਕਾਲੇ ਹਨ (ਭਾਵ, ਹੇ ਜੀਵ-ਇਸਤ੍ਰੀ! ਤੈਨੂੰ ਪਰਮਾਤਮਾ ਨੇ ਸੋਹਣੇ ਤਿੱਖੇ ਨਕਸ਼ਾਂ ਵਾਲਾ ਸੋਹਣਾ ਸਰੀਰ ਦਿੱਤਾ ਹੈ)
54053	1257	ਕਬਹੂੰ ਸਾਹਿਬੁ ਦੇਖਿਆ ਭੈਣ॥੧॥		Kabehoon Saahib Dhaekhiaa Bhain ||1||	Have you ever seen your Lord and Master, O sister? ||1||	ਪਰ ਹੇ ਭੈਣ! ਜਿਸ ਨੇ ਇਹ ਦਾਤ ਦਿੱਤੀ ਹੈ) ਤੂੰ ਕਦੇ ਉਸ ਮਾਲਕ ਦਾ ਦਰਸ਼ਨ ਭੀ ਕੀਤਾ ਹੈ (ਕਿ ਨਹੀਂ)? ॥੧॥

54054	1257	ਊਡਾਂ ਊਡਿ ਚੜਾਂ ਅਸਮਾਨਿ॥	ਚੜ੍ਹਾਂ	Ooddaan Oodd Charraan Asamaan ||	O my All-powerful Lord and Master,	ਹੇ ਸਾਰੀਆਂ ਤਾਕਤਾਂ ਦੇ ਮਾਲਕ ਪ੍ਰਭੂ! ਮੈਂ (ਕੂੰਜ) ਤੇਰੀ ਦਿੱਤੀ ਤਾਕਤ ਨਾਲ (ਤੇਰੇ ਦਿੱਤੇ ਖੰਭਾਂ ਨਾਲ) ਉੱਡਦੀ ਹਾਂ, ਤੇ ਉੱਡ ਕੇ ਅਸਮਾਨ ਵਿਚ ਅੱਪੜਦੀ ਹਾਂ।
54055	1257	ਸਾਹਿਬ ਸੰਮ੍ਰਿਥ ਤੇਰੈ ਤਾਣਿ॥	ਸੰਮ੍ਰਿੱਥ	Saahib Sanmrithh Thaerai Thaan ||	By Your power, I fly and soar, and ascend to the heavens.	(ਭਾਵ) ਹੇ ਪ੍ਰਭੂ! ਜੇ ਮੈਂ ਜੀਵ-ਇਸਤ੍ਰੀ ਇਹਨਾਂ ਸੋਹਣੇ ਅੰਗਾਂ ਦਾ ਇਸ ਸੋਹਣੇ ਸਰੀਰ ਦਾ ਮਾਣ ਭੀ ਕਰਦੀ ਹਾਂ, ਤਾਂ ਭੀ ਇਹ ਸੋਹਣੇ ਅੰਗ ਤੇਰੇ ਹੀ ਦਿੱਤੇ ਹੋਏ ਹਨ, ਇਹ ਸੋਹਣਾ ਸਰੀਰ ਤੇਰਾ ਹੀ ਬਖ਼ਸ਼ਿਆ ਹੋਇਆ ਹੈ।
54056	1257	ਜਲਿ ਥਲਿ ਡੂੰਗਰਿ ਦੇਖਾਂ ਤੀਰ॥		Jal Thhal Ddoongar Dhaekhaan Theer ||	I see Him in the water, on the land, in the mountains, on the river-banks,	(ਉਸ ਦਾਤੇ ਦੀ ਮਿਹਰ ਨਾਲ) ਮੈਂ ਪਾਣੀ ਵਿਚ, ਧਰਤੀ ਵਿਚ, ਪਹਾੜ ਵਿਚ, ਦਰਿਆਵਾਂ ਦੇ ਕੰਢੇ (ਜਿੱਧਰ ਭੀ) ਵੇਖਦੀ ਹਾਂ,
54057	1257	ਥਾਨ ਥਨੰਤਰਿ ਸਾਹਿਬੁ ਬੀਰ॥੨॥		Thhaan Thhananthar Saahib Beer ||2||	In all places and interspaces, O brother. ||2||	ਹੇ ਵੀਰ! ਉਹ ਮਾਲਕ ਹਰ ਥਾਂ ਵਿਚ ਮੌਜੂਦ ਦਿੱਸਦਾ ਹੈ ॥੨॥
54058	1257	ਜਿਨਿ ਤਨੁ ਸਾਜਿ ਦੀਏ ਨਾਲਿ ਖੰਭ॥		Jin Than Saaj Dheeeae Naal Khanbh ||	He fashioned the body, and gave it wings;	(ਹੇ ਵੀਰ!) ਜਿਸ (ਮਾਲਕ) ਨੇ ਇਹ ਸਰੀਰ ਬਣਾ ਕੇ ਇਸ ਦੇ ਨਾਲ ਇਹ ਸੋਹਣੇ (ਤਿੱਖੇ ਨਕਸ਼ਾਂ ਵਾਲੇ) ਅੰਗ ਦਿੱਤੇ ਹਨ,
54059	1257	ਅਤਿ ਤ੍ਰਿਸਨਾ ਉਡਣੈ ਕੀ ਡੰਝ॥		Ath Thrisanaa Ouddanai Kee Ddanjh ||	He gave it great thirst and desire to fly.	(ਮਾਇਆ ਦੀ) ਬਹੁਤੀ ਤ੍ਰਿਸ਼ਨਾ ਭੀ ਉਸੇ ਨੇ ਲਾਈ ਹੈ, ਭਟਕਣ ਦੀ ਤਾਂਘ ਭੀ ਉਸੇ ਨੇ (ਮੇਰੇ ਅੰਦਰ) ਪੈਦਾ ਕੀਤੀ ਹੈ।

54060	1257	ਨਦਰਿ ਕਰੇ ਤਾਂ ਬੰਧਾਂ ਧੀਰ॥		Nadhar Karae Thaan Bandhhaan Dhheer ||	When He bestows His Glance of Grace, I am comforted and consoled.	ਜਦੋਂ ਉਹ ਮਾਲਕ ਮਿਹਰ ਦੀ ਨਜ਼ਰ ਕਰਦਾ ਹੈ, ਤਾਂ ਮੈਂ (ਮਾਇਆ ਦੀ ਤ੍ਰਿਸ਼ਨਾ ਵਲੋਂ) ਧੀਰਜ ਫੜਦੀ ਹਾਂ (ਮੈਂ ਭਟਕਣੋਂ ਹਟ ਜਾਂਦੀ ਹਾਂ)।
54061	1257	ਜਿਉ ਵੇਖਾਲੇ ਤਿਉ ਵੇਖਾਂ ਬੀਰ॥੩॥		Jio Vaekhaalae Thio Vaekhaan Beer ||3||	As He makes me see, so do I see, O brother. ||3||	ਹੇ ਵੀਰ! ਜਿਵੇਂ ਜਿਵੇਂ ਮੈਨੂੰ ਉਹ ਆਪਣਾ ਦਰਸਨ ਕਰਾਂਦਾ ਹੈ, ਤਿਵੇਂ ਤਿਵੇਂ ਮੈਂ ਦਰਸਨ ਕਰਦੀ ਹਾਂ ॥੩॥
54062	1257	ਨ ਇਹੁ ਤਨੁ ਜਾਇਗਾ ਨ ਜਾਹਿਗੇ ਖੰਭ॥		N Eihu Than Jaaeigaa N Jaahigae Khanbh ||	Neither this body, nor its wings, shall go to the world hereafter.	(ਹੇ ਵੀਰ!) ਨਾਹ ਇਹ ਸਰੀਰ ਸਦਾ ਨਾਲ ਨਿਭੇਗਾ, ਨਾਹ ਇਹ ਸੋਹਣੇ ਅੰਗ ਹੀ ਸਦਾ ਕਾਇਮ ਰਹਿਣਗੇ।
54063	1257	ਪਉਣੈ ਪਾਣੀ ਅਗਨੀ ਕਾ ਸਨਬੰਧ॥		Pounai Paanee Aganee Kaa Sanabandhh ||	It is a fusion of air, water and fire.	ਇਹ ਤਾਂ ਹਵਾ ਪਾਣੀ ਅੱਗ ਆਦਿਕ ਤੱਤਾਂ ਦਾ ਮੇਲ ਹੈ (ਜਦੋਂ ਤੱਤ ਖਿੰਡ ਜਾਣਗੇ, ਸਰੀਰ ਢਹਿ ਢੇਰੀ ਹੋ ਜਾਏਗਾ)।
54064	1257	ਨਾਨਕ ਕਰਮੁ ਹੋਵੈ ਜਪੀਐ ਕਰਿ ਗੁਰੁ ਪੀਰੁ॥		Naanak Karam Hovai Japeeai Kar Gur Peer ||	O Nanak, if it is in the mortal's karma, then he meditates on the Lord, with the Guru as his Spiritual Teacher.	ਹੇ ਨਾਨਕ! ਜਦੋਂ ਮਾਲਕ ਦੀ ਮਿਹਰ ਦੀ ਨਿਗਾਹ ਹੁੰਦੀ ਹੈ, ਤਦੋਂ ਗੁਰੂ-ਪੀਰ ਦਾ ਪੱਲਾ ਫੜ ਕੇ ਮਾਲਕ-ਪ੍ਰਭੂ ਨੂੰ ਸਿਮਰਿਆ ਜਾ ਸਕਦਾ ਹੈ,

54065	1257	ਸਚਿ ਸਮਾਵੈ ਏਹੁ ਸਰੀਰੁ॥੪॥੪॥੯॥		Sach Samaavai Eaehu Sareer ||4||4||9||	This body is absorbed in the Truth. ||4||4||9||	ਤਦੋਂ ਇਹ ਸਰੀਰ ਉਸ ਸਦਾ-ਥਿਰ ਮਾਲਕ ਵਿਚ ਲੀਨ ਰਹਿੰਦਾ ਹੈ (ਤਦੋਂ ਇਹ ਸੋਹਣੇ ਗਿਆਨ-ਇੰਦ੍ਰੇ ਭਟਕਣੋਂ ਹਟ ਕੇ ਪ੍ਰਭੂ ਵਿਚ ਟਿਕੇ ਰਹਿੰਦੇ ਹਨ) ॥੪॥੪॥੯॥
54066	1257	ਮਲਾਰ ਮਹਲਾ ੩ ਚਉਪਦੇ ਘਰੁ ੧		Malaar Mehalaa 3 Choupadhae Ghar 1	Malaar, Third Mehl, Chau-Padas, First House:	ਰਾਗ ਮਲਾਰ, ਘਰ ੧ ਵਿੱਚ ਗੁਰੂ ਅਮਰਦਾਸ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
54067	1257	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
54068	1257	ਨਿਰੰਕਾਰੁ ਆਕਾਰੁ ਹੈ ਆਪੇ ਆਪੇ ਭਰਮਿ ਭੁਲਾਏ॥		Nirankaar Aakaar Hai Aapae Aapae Bharam Bhulaaeae ||	The Formless Lord is formed by Himself. He Himself deludes in doubt.	ਇਹ ਸਾਰਾ ਦਿੱਸਦਾ ਸੰਸਾਰ ਨਿਰੰਕਾਰ ਆਪ ਹੀ ਆਪ ਹੈ (ਪਰਮਾਤਮਾ ਦਾ ਆਪਣਾ ਹੀ ਸਰੂਪ ਹੈ)। ਪਰਮਾਤਮਾ ਆਪ ਹੀ (ਜੀਵਾਂ ਨੂੰ) ਭਟਕਣਾ ਦੀ ਰਾਹੀਂ ਕੁਰਾਹੇ ਪਾਂਦਾ ਹੈ।
54069	1257	ਕਰਿ ਕਰਿ ਕਰਤਾ ਆਪੇ ਵੇਖੈ ਜਿਤੁ ਭਾਵੈ ਤਿਤੁ ਲਾਏ॥		Kar Kar Karathaa Aapae Vaekhai Jith Bhaavai Thith Laaeae ||	Creating the Creation, the Creator Himself beholds it; He enjoins us as He pleases.	(ਸਾਰੇ ਕੰਮ) ਕਰ ਕਰ ਕੇ ਕਰਤਾਰ ਆਪ ਹੀ (ਉਹਨਾਂ ਕੰਮਾਂ ਨੂੰ) ਵੇਖਦਾ ਹੈ। ਜਿਸ (ਕੰਮ) ਵਿਚ ਉਸ ਦੀ ਰਜ਼ਾ ਹੁੰਦੀ ਹੈ (ਹਰੇਕ ਜੀਵ ਨੂੰ) ਉਸ (ਕੰਮ) ਵਿਚ ਲਾਂਦਾ ਹੈ।

54070	1257	ਸੇਵਕ ਕਉ ਏਹਾ ਵਡਿਆਈ ਜਾ ਕਉ ਹੁਕਮੁ ਮਨਾਏ॥੧॥		Saevak Ko Eaehaa Vaddiaaee Jaa Ko Hukam Manaaeae ||1||	This is the true greatness of His servant, that he obeys the Hukam of the Lord's Command. ||1||	ਜਿਸ ਸੇਵਕ ਪਾਸੋਂ ਆਪਣਾ ਹੁਕਮ ਮਨਾਂਦਾ ਹੈ (ਹੁਕਮ ਮਿੱਠਾ ਲਾਂਦਾ ਹੈ, ਹੁਕਮ ਵਿਚ ਤੋਰਦਾ ਹੈ), ਉਸ ਨੂੰ ਉਹ ਇਹੀ ਇੱਜ਼ਤ ਬਖ਼ਸ਼ਦਾ ਹੈ ॥੧॥
54071	1257	ਆਪਣਾ ਭਾਣਾ ਆਪੇ ਜਾਣੈ ਗੁਰ ਕਿਰਪਾ ਤੇ ਲਹੀਐ॥		Aapanaa Bhaanaa Aapae Jaanai Gur Kirapaa Thae Leheeai ||	Only He Himself knows His Will. By Guru's Grace, it is grasped.	(ਪਰਮਾਤਮਾ) ਆਪ ਹੀ ਆਪਣੀ ਮਰਜ਼ੀ ਜਾਣਦਾ ਹੈ, (ਉਸ ਦੀ ਰਜ਼ਾ ਨੂੰ) ਗੁਰੂ ਦੀ ਮਿਹਰ ਨਾਲ ਸਮਝਿਆ ਜਾ ਸਕਦਾ ਹੈ।
54072	1257	ਏਹਾ ਸਕਤਿ ਸਿਵੈ ਘਰਿ ਆਵੈ ਜੀਵਦਿਆ ਮਰਿ ਰਹੀਐ॥੧॥ਰਹਾਉ॥		Eaehaa Sakath Sivai Ghar Aavai Jeevadhiaa Mar Reheeai ||1|| Rehaao ||	When this play of Shiva and Shakti comes to his home, he remains dead while yet alive. ||1||Pause||	(ਜਦੋਂ ਪ੍ਰਭੂ ਦੀ ਰਜ਼ਾ ਦੀ ਸਮਝ ਆ ਜਾਂਦੀ ਹੈ, ਤਦੋਂ) ਇਹ ਮਾਇਆ ਵਾਲੀ ਬ੍ਰਿਤੀ ਪਰਮਾਤਮਾ (ਦੇ ਚਰਨਾਂ) ਵਿਚ ਜੁੜਦੀ ਹੈ, ਅਤੇ ਦੁਨੀਆ ਦੀ ਕਿਰਤ-ਕਾਰ ਕਰਦਿਆਂ ਹੀ ਆਪਣੇ ਅੰਦਰੋਂ ਆਪਾ-ਭਾਵ ਮੁਕਾ ਲਈਦਾ ਹੈ ॥੧॥ ਰਹਾਉ ॥

54073	1257	ਵੇਦ ਪੜੈ ਪੜਿ ਵਾਦੁ ਵਖਾਣੈ ਬ੍ਰਹਮਾ ਬਿਸਨੁ ਮਹੇਸਾ॥		Vaedh Parrai Parr Vaadh Vakhaanai Brehamaa Bisan Mehaesaa ||	They read the Vedas, and read them again, and engage in arguments about Brahma, Vishnu and Shiva.	(ਪਰ, ਗੁਰੂ ਦੀ ਸਰਨ ਪੈ ਕੇ ਪ੍ਰਭੂ ਦੀ ਰਜ਼ਾ ਨੂੰ ਸਮਝਣ ਦੇ ਥਾਂ, ਪੰਡਿਤ ਨਿਰੇ) ਵੇਦ (ਹੀ) ਪੜ੍ਹਦਾ ਰਹਿੰਦਾ ਹੈ, ਤੇ, ਪੜ੍ਹ ਕੇ (ਉਹਨਾਂ ਦੀ) ਚਰਚਾ ਹੀ (ਹੋਰਨਾਂ ਨੂੰ) ਸੁਣਾਂਦਾ ਰਹਿੰਦਾ ਹੈ; ਬ੍ਰਹਮਾ ਵਿਸ਼ਨੂੰ ਸ਼ਿਵ (ਆਦਿਕ ਦੇਵਤਿਆਂ ਦੀਆਂ ਕਥਾ-ਕਹਾਣੀਆਂ ਹੀ ਸੁਣਾਂਦਾ ਰਹਿੰਦਾ ਹੈ।
54074	1257	ਏਹ ਤ੍ਰਿਗੁਣ ਮਾਇਆ ਜਿਨਿ ਜਗਤੁ ਭੁਲਾਇਆ ਜਨਮ ਮਰਣ ਕਾ ਸਹਸਾ॥	ਜੱਗਤੁ	Eaeh Thrigun Maaeiaa Jin Jagath Bhulaaeiaa Janam Maran Kaa Sehasaa ||	This three-phased Maya has deluded the whole world into cynicism about death and birth.	ਇਸ ਦਾ ਸਿੱਟਾ ਇਹ ਹੁੰਦਾ ਹੈ ਕਿ) ਇਹ ਤ੍ਰਿਗੁਣੀ ਮਾਇਆ ਜਿਸ ਨੇ ਸਾਰੇ ਜਗਤ ਨੂੰ ਕੁਰਾਹੇ ਪਾ ਰਖਿਆ ਹੈ (ਉਸ ਦੇ ਅੰਦਰ) ਜੰਮਣ ਮਰਨ (ਦੇ ਗੇੜ) ਦਾ ਸਹਿਮ ਬਣਾਈ ਰੱਖਦੀ ਹੈ।
54075	1257	ਗੁਰ ਪਰਸਾਦੀ ਏਕੋ ਜਾਣੈ ਚੂਕੈ ਮਨਹੁ ਅੰਦੇਸਾ॥੨॥		Gur Parasaadhee Eaeko Jaanai Chookai Manahu Andhaesaa ||2||	By Guru's Grace, know the One Lord, and the anxiety of your mind will be allayed. ||2||	ਹਾਂ, ਜਿਹੜਾ ਮਨੁੱਖ (ਗੁਰੂ ਦੀ ਸਰਨ ਆ ਕੇ) ਗੁਰੂ ਦੀ ਮਿਹਰ ਨਾਲ ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ, ਉਸ ਦੇ ਮਨ ਵਿਚੋਂ (ਹਰੇਕ) ਫ਼ਿਕਰ ਦੂਰ ਹੋ ਜਾਂਦਾ ਹੈ ॥੨॥
54076	1257	ਹਮ ਦੀਨ ਮੂਰਖ ਅਵੀਚਾਰੀ ਤੁਮ ਚਿੰਤਾ ਕਰਹੁ ਹਮਾਰੀ॥	ਅ-ਵੀਚਾਰੀ	Ham Dheen Moorakh Aveechaaree Thum Chinthaa Karahu Hamaaree ||	I am meek, foolish and thoughtless, but still, You take care of me.	ਹੇ ਪ੍ਰਭੂ! ਅਸੀਂ ਜੀਵ ਨਿਮਾਣੇ ਮੂਰਖ ਬੇ-ਸਮਝ ਹਾਂ, ਤੂੰ ਆਪ ਹੀ ਸਾਡਾ ਧਿਆਨ ਰੱਖਿਆ ਕਰ।

54077	1257	ਹੋਹੁ ਦਇਆਲ ਕਰਿ ਦਾਸੁ ਦਾਸਾ ਕਾ ਸੇਵਾ ਕਰੀ ਤੁਮਾਰੀ॥		Hohu Dhaeiaal Kar Dhaas Dhaasaa Kaa Saevaa Karee Thumaaree ||	Please be kind to me, and make me the slave of Your slaves, so that I may serve You.	ਹੇ ਪ੍ਰਭੂ! (ਮੇਰੇ ਉਤੇ) ਦਇਆਵਾਨ ਹੋ, (ਮੈਨੂੰ ਆਪਣੇ) ਦਾਸਾਂ ਦਾ ਦਾਸ ਬਣਾ ਲੈ (ਤਾ ਕਿ) ਮੈਂ ਤੇਰੀ ਭਗਤੀ ਕਰਦਾ ਰਹਾਂ।
54078	1257	ਏਕੁ ਨਿਧਾਨੁ ਦੇਹਿ ਤੂ ਅਪਣਾ ਅਹਿ ਨਿਸਿ ਨਾਮੁ ਵਖਾਣੀ॥੩॥		Eaek Nidhhaan Dhaehi Thoo Apanaa Ahinis Naam Vakhaanee ||3||	Please bless me with the treasure of the One Name, that I may chant it, day and night. ||3||	ਹੇ ਪ੍ਰਭੂ! ਤੂੰ ਮੈਨੂੰ ਆਪਣਾ ਨਾਮ-ਖ਼ਜ਼ਾਨਾ ਦੇਹ, ਮੈਂ ਦਿਨ ਰਾਤ (ਤੇਰਾ) ਨਾਮ ਜਪਦਾ ਰਹਾਂ ॥੩॥
54079	1257	ਕਹਤ ਨਾਨਕੁ ਗੁਰ ਪਰਸਾਦੀ ਬੂਝਹੁ ਕੋਈ ਐਸਾ ਕਰੇ ਵੀਚਾਰਾ॥		Kehath Naanak Gur Parasaadhee Boojhahu Koee Aisaa Karae Veechaaraa ||	Says Nanak, by Guru's Grace, understand. Hardly anyone considers this.	ਨਾਨਕ ਆਖਦਾ ਹੈ ਕਿ ਤੁਸੀਂ ਗੁਰੂ ਦੀ ਕਿਰਪਾ ਨਾਲ ਹੀ (ਸਹੀ ਜੀਵਨ-ਰਾਹ) ਸਮਝ ਸਕਦੇ ਹੋ।
54080	1257	ਜਿਉ ਜਲ ਊਪਰਿ ਫੇਨੁ ਬੁਦਬੁਦਾ ਤੈਸਾ ਇਹੁ ਸੰਸਾਰਾ॥		Jio Jal Oopar Faen Budhabudhaa Thaisaa Eihu Sansaaraa ||	Like foam bubbling up on the surface of the water, so is this world.	(ਜਿਹੜਾ ਮਨੁੱਖ ਸਮਝਦਾ ਹੈ, ਉਹ ਜਗਤ ਬਾਰੇ ਆਪਣੇ) ਖ਼ਿਆਲ ਇਉਂ ਬਣਾਂਦਾ ਹੈ ਕਿ ਜਿਵੇਂ ਪਾਣੀ ਉੱਤੇ ਝੱਗ ਹੈ ਬੁਲਬੁਲਾ ਹੈ (ਜੋ ਝਬਦੇ ਹੀ ਮਿਟ ਜਾਂਦਾ ਹੈ) ਤਿਵੇਂ ਇਹ ਜਗਤ ਹੈ।

54081	1258	ਜਿਸ ਤੇ ਹੋਆ ਤਿਸਹਿ ਸਮਾਣਾ ਚੂਕਿ ਗਇਆ ਪਾਸਾਰਾ॥੪॥੧॥		Jis Thae Hoaa Thisehi Samaanaa Chook Gaeiaa Paasaaraa ||4||1||	It shall eventually merge back into that from which it came, and all its expanse shall be gone. ||4||1||	ਜਿਸ (ਪਰਮਾਤਮਾ) ਤੋਂ (ਜਗਤ) ਪੈਦਾ ਹੁੰਦਾ ਹੈ (ਜਦੋਂ) ਉਸ ਵਿਚ ਹੀ ਲੀਨ ਹੋ ਜਾਂਦਾ ਹੈ, ਤਾਂ ਇਹ ਸਾਰਾ ਜਗਤ-ਖਿਲਾਰਾ ਮੁੱਕ ਜਾਂਦਾ ਹੈ ॥੪॥੧॥
54082	1258	ਮਲਾਰ ਮਹਲਾ ੩॥		Malaar Mehalaa 3 ||	Malaar, Third Mehl:	
54083	1258	ਜਿਨੀ ਹੁਕਮੁ ਪਛਾਣਿਆ ਸੇ ਮੇਲੇ ਹਉਮੈ ਸਬਦਿ ਜਲਾਇ॥		Jinee Hukam Pashhaaniaa Sae Maelae Houmai Sabadh Jalaae ||	Those who realize the Hukam of the Lord's Command are united with Him; through the Word of His Shabad, their egotism is burnt away.	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦੀ ਰਜ਼ਾ ਨੂੰ ਮਿੱਠਾ ਕਰ ਕੇ ਮੰਨਿਆ ਹੈ, ਪ੍ਰਭੂ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਉਹਨਾਂ ਦੇ ਅੰਦਰੋਂ) ਹਉਮੈ ਸਾੜ ਕੇ ਉਹਨਾਂ ਨੂੰ (ਆਪਣੇ ਚਰਨਾਂ ਵਿਚ) ਜੋੜ ਲਿਆ ਹੈ।
54084	1258	ਸਚੀ ਭਗਤਿ ਕਰਹਿ ਦਿਨੁ ਰਾਤੀ ਸਚਿ ਰਹੇ ਲਿਵ ਲਾਇ॥		Sachee Bhagath Karehi Dhin Raathee Sach Rehae Liv Laae ||	They perform true devotional worship day and night; they remain lovingly attuned to the True Lord.	ਉਹ ਮਨੁੱਖ ਦਿਨ ਰਾਤ ਸਦਾ-ਥਿਰ ਪ੍ਰਭੂ ਦੀ ਭਗਤੀ ਕਰਦੇ ਹਨ, ਉਹ ਲਿਵ ਲਾ ਕੇ ਸਦਾ-ਥਿਰ ਹਰੀ ਵਿਚ ਟਿਕੇ ਰਹਿੰਦੇ ਹਨ।
54085	1258	ਸਦਾ ਸਚੁ ਹਰਿ ਵੇਖਦੇ ਗੁਰ ਕੈ ਸਬਦਿ ਸੁਭਾਇ॥੧॥		Sadhaa Sach Har Vaekhadhae Gur Kai Sabadh Subhaae ||1||	They gaze on their True Lord forever, through the Word of the Guru's Shabad, with loving ease. ||1||	ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ-ਪ੍ਰੇਮ ਵਿਚ (ਟਿਕ ਕੇ) ਸਦਾ-ਥਿਰ ਹਰੀ ਨੂੰ ਹਰ ਥਾਂ ਵੱਸਦਾ ਵੇਖਦੇ ਹਨ ॥੧॥

54086	1258	ਮਨ ਰੇ ਹੁਕਮੁ ਮੰਨਿ ਸੁਖੁ ਹੋਇ॥		Man Rae Hukam Mann Sukh Hoe ||	O mortal, accept His Will and find peace.	ਹੇ ਮਨ! (ਪਰਮਾਤਮਾ ਦੀ) ਰਜ਼ਾ ਵਿਚ ਤੁਰਿਆ ਕਰ, (ਇਸ ਤਰ੍ਹਾਂ) ਆਤਮਕ ਆਨੰਦ ਬਣਿਆ ਰਹਿੰਦਾ ਹੈ।
54087	1258	ਪ੍ਰਭ ਭਾਣਾ ਅਪਣਾ ਭਾਵਦਾ ਜਿਸੁ ਬਖਸੇ ਤਿਸੁ ਬਿਘਨੁ ਨ ਕੋਇ॥੧॥ਰਹਾਉ॥		Prabh Bhaanaa Apanaa Bhaavadhaa Jis Bakhasae This Bighan N Koe ||1|| Rehaao ||	God is pleased by the Pleasure of His Own Will. Whomever He forgives, meets no obstacles on the way. ||1||Pause||	ਹੇ ਮਨ! ਪ੍ਰਭੂ ਨੂੰ ਆਪਣੇ ਮਰਜ਼ੀ ਪਿਆਰੀ ਲੱਗਦੀ ਹੈ। ਜਿਸ ਮਨੁੱਖ ਉਤੇ ਮਿਹਰ ਕਰਦਾ ਹੈ (ਉਹ ਉਸ ਦੀ ਰਜ਼ਾ ਵਿਚ ਤੁਰਦਾ ਹੈ), ਉਸ ਦੇ ਜੀਵਨ-ਰਾਹ ਵਿਚ ਕੋਈ ਰੁਕਾਵਟ ਨਹੀਂ ਪੈਂਦੀ ॥੧॥ ਰਹਾਉ ॥
54088	1258	ਤ੍ਰੈ ਗੁਣ ਸਭਾ ਧਾਤੁ ਹੈ ਨਾ ਹਰਿ ਭਗਤਿ ਨ ਭਾਇ॥	ਸੱਭਾ	Thrai Gun Sabhaa Dhhaath Hai Naa Har Bhagath N Bhaae ||	Under the influence of the three gunas, the three dispositions, the mind wanders everywhere, without love or devotion to the Lord.	ਤ੍ਰਿਗੁਣੀ (ਮਾਇਆ ਵਿਚ ਸਦਾ ਜੁੜੇ ਰਹਿਣਾ) ਨਿਰੀ ਭਟਕਣਾ ਹੀ ਹੈ (ਇਸ ਵਿਚ ਫਸੇ ਰਿਹਾਂ) ਨਾਹ ਪ੍ਰਭੂ ਦੀ ਭਗਤੀ ਹੋ ਸਕਦੀ ਹੈ, ਨਾਹ ਉਸ ਦੇ ਪਿਆਰ ਵਿਚ ਲੀਨ ਹੋ ਸਕੀਦਾ ਹੈ।
54089	1258	ਗਤਿ ਮੁਕਤਿ ਕਦੇ ਨ ਹੋਵਈ ਹਉਮੈ ਕਰਮ ਕਮਾਹਿ॥		Gath Mukath Kadhae N Hovee Houmai Karam Kamaahi ||	No one is ever saved or liberated, by doing deeds in ego.	(ਤ੍ਰਿਗੁਣੀ ਮਾਇਆ ਦੇ ਮੋਹ ਦੇ ਕਾਰਨ) ਉੱਚੀ ਆਤਮਕ ਅਵਸਥਾ ਨਹੀਂ ਹੋ ਸਕਦੀ, ਵਿਕਾਰਾਂ ਤੋਂ ਖ਼ਲਾਸੀ ਕਦੇ ਨਹੀਂ ਹੋ ਸਕਦੀ। ਮਨੁੱਖ ਹਉਮੈ (ਵਧਾਣ ਵਾਲੇ) ਕੰਮ (ਹੀ) ਕਰਦੇ ਰਹਿੰਦੇ ਹਨ।

54090	1258	ਸਾਹਿਬ ਭਾਵੈ ਸੋ ਥੀਐ ਪਇਐ ਕਿਰਤਿ ਫਿਰਾਹਿ॥੨॥		Saahib Bhaavai So Thheeai Paeiai Kirath Firaahi ||2||	Whatever our Lord and Master wills, comes to pass. People wander according to their past actions. ||2||	(ਪਰ ਜੀਵਾਂ ਦੇ ਕੀਹ ਵੱਸ?) ਜੋ ਕੁਝ ਮਾਲਕ-ਹਰੀ ਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ, ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਜੀਵ ਭਟਕਦੇ ਫਿਰਦੇ ਹਨ ॥੨॥
54091	1258	ਸਤਿਗੁਰ ਭੇਟਿਐ ਮਨੁ ਮਰਿ ਰਹੈ ਹਰਿ ਨਾਮੁ ਵਸੈ ਮਨਿ ਆਇ॥		Sathigur Bhaettiai Man Mar Rehai Har Naam Vasai Man Aae ||	Meeting with the True Guru, the mind is overpowered; the Lord's Name comes to abide in the mind.	ਜੇ ਗੁਰੂ ਮਿਲ ਪਏ, ਤਾਂ ਮਨੁੱਖ ਦਾ ਮਨ (ਅੰਦਰੋਂ) ਆਪਾ-ਭਾਵ ਦੂਰ ਕਰ ਲੈਂਦਾ ਹੈ, ਉਸ ਦੇ ਮਨ ਵਿਚ ਹਰਿ-ਨਾਮ ਆ ਵੱਸਦਾ ਹੈ,
54092	1258	ਤਿਸ ਕੀ ਕੀਮਤਿ ਨਾ ਪਵੈ ਕਹਣਾ ਕਿਛੂ ਨ ਜਾਇ॥		This Kee Keemath Naa Pavai Kehanaa Kishhoo N Jaae ||	The value of such a person cannot be estimated; nothing at all can be said about him.	(ਫਿਰ ਉਸ ਦਾ ਜੀਵਨ ਇਤਨਾ ਉੱਚਾ ਹੋ ਜਾਂਦਾ ਹੈ ਕਿ) ਉਸ ਦਾ ਮੁੱਲ ਨਹੀਂ ਪੈ ਸਕਦਾ, ਉਸ ਦਾ ਬਿਆਨ ਨਹੀਂ ਹੋ ਸਕਦਾ।
54093	1258	ਚਉਥੈ ਪਦਿ ਵਾਸਾ ਹੋਇਆ ਸਚੈ ਰਹੈ ਸਮਾਇ॥੩॥		Chouthhai Padh Vaasaa Hoeiaa Sachai Rehai Samaae ||3||	He comes to dwell in the fourth state; he remains merged in the True Lord. ||3||	ਉਹ ਮਨੁੱਖ ਉਸ ਅਵਸਥਾ ਵਿਚ ਟਿੱਕ ਜਾਂਦਾ ਹੈ ਜਿੱਥੇ ਮਾਇਆ ਦੇ ਤਿੰਨ ਗੁਣਾਂ ਦਾ ਜ਼ੋਰ ਨਹੀਂ ਪੈ ਸਕਦਾ, ਉਹ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਲੀਨ ਹੋਇਆ ਰਹਿੰਦਾ ਹੈ ॥੩॥

54094	1258	ਮੇਰਾ ਹਰਿ ਪ੍ਰਭੁ ਅਗਮੁ ਅਗੋਚਰੁ ਹੈ ਕੀਮਤਿ ਕਹਣੁ ਨ ਜਾਇ॥		Maeraa Har Prabh Agam Agochar Hai Keemath Kehan N Jaae ||	My Lord God is Inaccessible and Unfathomable. His value cannot be expressed.	ਮੇਰਾ ਹਰੀ ਪ੍ਰਭੂ ਅਪਹੁੰਚ ਹੈ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਤੋਂ ਨਹੀਂ ਮਿਲ ਸਕਦਾ।
54095	1258	ਗੁਰ ਪਰਸਾਦੀ ਬੁਝੀਐ ਸਬਦੇ ਕਾਰ ਕਮਾਇ॥		Gur Parasaadhee Bujheeai Sabadhae Kaar Kamaae ||	By Guru's Grace, he comes to understand, and live the Shabad.	ਗੁਰੂ ਦੀ ਮਿਹਰ ਨਾਲ ਹੀ ਉਸ ਦੀ ਜਾਣ-ਪਛਾਣ ਹੁੰਦੀ ਹੈ (ਜਿਸ ਨੂੰ ਜਾਣ-ਪਛਾਣ ਹੋ ਜਾਂਦੀ ਹੈ, ਉਹ ਮਨੁੱਖ) ਗੁਰੂ ਦੇ ਸ਼ਬਦ ਅਨੁਸਾਰ (ਹਰੇਕ) ਕਾਰ ਕਰਦਾ ਹੈ।
54096	1258	ਨਾਨਕ ਨਾਮੁ ਸਲਾਹਿ ਤੂ ਹਰਿ ਹਰਿ ਦਰਿ ਸੋਭਾ ਪਾਇ॥੪॥੨॥		Naanak Naam Salaahi Thoo Har Har Dhar Sobhaa Paae ||4||2||	O Nanak, praise the Naam, the Name of the Lord, Har, Har; you shall be honored in the Court of the Lord. ||4||2||	ਹੇ ਨਾਨਕ! ਤੂੰ ਸਦਾ ਹਰਿ-ਨਾਮ ਸਿਮਰਦਾ ਰਹੁ। (ਜਿਹੜਾ ਸਿਮਰਦਾ ਹੈ) ਉਹ ਪ੍ਰਭੂ ਦੇ ਦਰ ਤੇ ਸੋਭਾ ਪਾਂਦਾ ਹੈ ॥੪॥੨॥
54097	1258	ਮਲਾਰ ਮਹਲਾ ੩॥		Malaar Mehalaa 3 ||	Malaar, Third Mehl:	
54098	1258	ਗੁਰਮੁਖਿ ਕੋਈ ਵਿਰਲਾ ਬੂਝੈ ਜਿਸ ਨੋ ਨਦਰਿ ਕਰੇਇ॥		Guramukh Koee Viralaa Boojhai Jis No Nadhar Karaee ||	Rare is that person who, as Gurmukh, understands; the Lord has bestowed His Glance of Grace.	ਜਿਸ ਮਨੁੱਖ ਉਤੇ ਪ੍ਰਭੂ ਮਿਹਰ ਦੀ ਨਿਗਾਹ ਕਰਦਾ ਹੈ, ਉਹ ਕੋਈ ਵਿਰਲਾ ਗੁਰੂ ਦੇ ਸਨਮੁਖ ਹੋ ਕੇ (ਇਹ) ਸਮਝਦਾ ਹੈ,

54099	1258	ਗੁਰ ਬਿਨੁ ਦਾਤਾ ਕੋਈ ਨਾਹੀ ਬਖਸੇ ਨਦਰਿ ਕਰੇਇ॥		Gur Bin Dhaathaa Koee Naahee Bakhasae Nadhar Karaee ||	There is no Giver except the Guru. He grants His Grace and forgives.	(ਕਿ) ਗੁਰੂ ਤੋਂ ਬਿਨਾ ਹੋਰ ਕੋਈ (ਨਾਮ ਦੀ) ਦਾਤ ਦੇਣ ਵਾਲਾ ਨਹੀਂ ਹੈ, ਜਿਸ ਉਤੇ ਮਿਹਰ ਦੀ ਨਿਗਾਹ ਕਰਦਾ ਹੈ, ਉਸ ਨੂੰ (ਨਾਮ) ਬਖ਼ਸ਼ਦਾ ਹੈ।
54100	1258	ਗੁਰ ਮਿਲਿਐ ਸਾਂਤਿ ਊਪਜੈ ਅਨ ਦਿਨੁ ਨਾਮੁ ਲਏਇ॥੧॥	ਲਏ-ਇ	Gur Miliai Saanth Oopajai Anadhin Naam Leaee ||1||	Meeting the Guru, peace and tranquility well up; chant the Naam, the Name of the Lord, day and night. ||1||	ਜੇ ਗੁਰੂ ਮਿਲ ਪਏ, ਤਾਂ (ਮਨ ਵਿਚ) ਸ਼ਾਂਤੀ ਪੈਦਾ ਹੋ ਜਾਂਦੀ ਹੈ (ਅਤੇ ਮਨੁੱਖ) ਹਰ ਵੇਲੇ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ ॥੧॥
54101	1258	ਮੇਰੇ ਮਨ ਹਰਿ ਅੰਮ੍ਰਿਤ ਨਾਮੁ ਧਿਆਇ॥		Maerae Man Har Anmrith Naam Dhhiaae ||	O my mind, meditate on the Ambrosial Name of the Lord.	ਹੇ ਮੇਰੇ ਮਨ! ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਚੇਤੇ ਕਰਿਆ ਕਰ।
54102	1258	ਸਤਿਗੁਰੁ ਪੁਰਖੁ ਮਿਲੈ ਨਾਉ ਪਾਈਐ ਹਰਿ ਨਾਮੇ ਸਦਾ ਸਮਾਇ ॥੧॥ਰਹਾਉ॥		Sathigur Purakh Milai Naao Paaeeai Har Naamae Sadhaa Samaae ||1|| Rehaao ||	Meeting with the True Guru and the Primal Being, the Name is obtained, and one remains forever absorbed in the Lord's Name. ||1||Pause||	ਜਦੋਂ ਗੁਰੂ ਮਰਦ ਮਿਲ ਪੈਂਦਾ ਹੈ, ਤਦੋਂ ਹਰਿ-ਨਾਮ ਪ੍ਰਾਪਤ ਹੁੰਦਾ ਹੈ (ਜਿਸ ਨੂੰ ਗੁਰੂ ਮਿਲਦਾ ਹੈ) ਉਹ ਸਦਾ ਹਰਿ-ਨਾਮ ਵਿਚ ਹੀ ਲੀਨ ਰਹਿੰਦਾ ਹੈ ॥੧॥ ਰਹਾਉ ॥

54103	1258	ਮਨਮੁਖ ਸਦਾ ਵਿਛੁੜੇ ਫਿਰਹਿ ਕੋਇ ਨ ਕਿਸ ਹੀ ਨਾਲਿ॥		Manamukh Sadhaa Vishhurrae Firehi Koe N Kis Hee Naal ||	The self-willed manmukhs are forever separated from the Lord; no one is with them.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਪਰਮਾਤਮਾ ਤੋਂ) ਵਿੱਛੁੜ ਕੇ ਸਦਾ ਭਟਕਦੇ ਫਿਰਦੇ ਹਨ (ਉਹ ਇਹ ਨਹੀਂ ਸਮਝਦੇ ਕਿ ਜਿਨ੍ਹਾਂ ਨਾਲ ਮੋਹ ਹੈ, ਉਹਨਾਂ ਵਿਚੋਂ) ਕੋਈ ਭੀ ਕਿਸੇ ਦੇ ਨਾਲ ਸਦਾ ਦਾ ਸਾਥ ਨਹੀਂ ਨਿਬਾਹ ਸਕਦਾ।
54104	1258	ਹਉਮੈ ਵਡਾ ਰੋਗੁ ਹੈ ਸਿਰਿ ਮਾਰੇ ਜਮਕਾਲਿ॥		Houmai Vaddaa Rog Hai Sir Maarae Jamakaal ||	They are stricken with the great disease of egotism; they are hit on the head by the Messenger of Death.	ਉਹਨਾਂ ਦੇ ਅੰਦਰ ਹਉਮੈ ਦਾ ਵੱਡਾ ਰੋਗ ਟਿਕਿਆ ਰਹਿੰਦਾ ਹੈ, ਆਤਮਕ ਮੌਤ ਨੇ ਉਹਨਾਂ ਨੂੰ ਸਿਰ-ਪਰਨੇ ਸੁੱਟਿਆ ਹੁੰਦਾ ਹੈ।
54105	1258	ਗੁਰਮਤਿ ਸਤਸੰਗਤਿ ਨ ਵਿਛੁੜਹਿ ਅਨ ਦਿਨੁ ਨਾਮੁ ਸਮ੍ਹਾਲਿ॥੨॥		Guramath Sathasangath N Vishhurrehi Anadhin Naam Samhaal ||2||	Those who follow the Guru's Teachings are never separated from the Sat Sangat, the True Congregation. They dwell on the Naam, night and day. ||2||	ਜਿਹੜੇ ਮਨੁੱਖ ਗੁਰੂ ਦੀ ਮੱਤ ਲੈਂਦੇ ਹਨ, ਉਹ ਹਰ ਵੇਲੇ ਪਰਮਾਤਮਾ ਦਾ ਨਾਮ (ਹਿਰਦੇ ਵਿਚ) ਵਸਾ ਕੇ ਸਾਧ ਸੰਗਤ ਤੋਂ ਕਦੇ ਨਹੀਂ ਵਿੱਛੁੜਦੇ ॥੨॥
54106	1258	ਸਭਨਾ ਕਰਤਾ ਏਕੁ ਤੂ ਨਿਤ ਕਰਿ ਦੇਖਹਿ ਵੀਚਾਰੁ॥		Sabhanaa Karathaa Eaek Thoo Nith Kar Dhaekhehi Veechaar ||	You are the One and Only Creator of all. You continually create, watch over and contemplate.	ਹੇ ਪ੍ਰਭੂ! ਸਭ ਜੀਵਾਂ ਦਾ ਪੈਦਾ ਕਰਨ ਵਾਲਾ ਸਿਰਫ਼ ਤੂੰ ਹੀ ਹੈਂ, ਅਤੇ ਵਿਚਾਰ ਕਰ ਕੇ ਤੂੰ ਸਦਾ ਸੰਭਾਲ ਭੀ ਕਰਦਾ ਹੈਂ।

54107	1258	ਇਕਿ ਗੁਰਮੁਖਿ ਆਪਿ ਮਿਲਾਇਆ ਬਖਸੇ ਭਗਤਿ ਭੰਡਾਰ॥		Eik Guramukh Aap Milaaeiaa Bakhasae Bhagath Bhanddaar ||	Some are Gurmukh - You unite them with Yourself. You bless then with the treasure of devotion.	ਕਈ ਜੀਵਾਂ ਨੂੰ ਗੁਰੂ ਦੀ ਰਾਹੀਂ ਤੂੰ ਆਪ (ਆਪਣੇ ਨਾਲ) ਜੋੜਿਆ ਹੋਇਆ ਹੈ, (ਗੁਰੂ ਉਹਨਾਂ ਨੂੰ ਤੇਰੀ) ਭਗਤੀ ਦੇ ਖ਼ਜ਼ਾਨੇ ਬਖ਼ਸ਼ਦਾ ਹੈ।
54108	1258	ਤੂ ਆਪੇ ਸਭੁ ਕਿਛੁ ਜਾਣਦਾ ਕਿਸੁ ਆਗੈ ਕਰੀ ਪੂਕਾਰ॥੩॥		Thoo Aapae Sabh Kishh Jaanadhaa Kis Aagai Karee Pookaar ||3||	You Yourself know everything. Unto whom should I complain? ||3||	ਹੇ ਪ੍ਰਭੂ! ਮੈਂ ਹੋਰ ਕਿਸ ਅੱਗੇ ਕੋਈ ਫਰਿਆਦ ਕਰਾਂ? ਤੂੰ ਆਪ ਹੀ (ਸਾਡੇ ਦਿਲਾਂ ਦੀ) ਹਰੇਕ ਮੰਗ ਜਾਣਦਾ ਹੈਂ ॥੩॥
54109	1258	ਹਰਿ ਹਰਿ ਨਾਮੁ ਅੰਮ੍ਰਿਤੁ ਹੈ ਨਦਰੀ ਪਾਇਆ ਜਾਇ॥		Har Har Naam Anmrith Hai Nadharee Paaeiaa Jaae ||	The Name of the Lord, Har, Har, is Ambrosial Nectar. By the Lord's Grace, it is obtained.	ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ, ਪਰ ਉਸ ਦੀ ਮਿਹਰ ਦੀ ਨਿਗਾਹ ਨਾਲ ਹੀ ਮਿਲਦਾ ਹੈ।
54110	1258	ਅਨ ਦਿਨੁ ਹਰਿ ਹਰਿ ਉਚਰੈ ਗੁਰ ਕੈ ਸਹਜਿ ਸੁਭਾਇ॥		Anadhin Har Har Oucharai Gur Kai Sehaj Subhaae ||	Chanting the Name of the Lord, Har, Har, night and day, the intuitive peace and poise of the Guru is obtained.	(ਜਿਸ ਉਤੇ ਮਿਹਰ ਦੀ ਨਿਗਾਹ ਹੁੰਦੀ ਹੈ, ਉਹ ਮਨੁੱਖ) ਗੁਰੂ ਦੀ ਰਾਹੀਂ ਆਤਮਕ ਅਡੋਲਤਾ ਵਿਚ ਟਿੱਕ ਕੇ ਪਿਆਰ ਵਿਚ ਟਿੱਕ ਕੇ ਹਰ ਵੇਲੇ ਪਰਮਾਤਮਾ ਦਾ ਨਾਮ ਉਚਾਰਦਾ ਹੈ।

54111	1258	ਨਾਨਕ ਨਾਮੁ ਨਿਧਾਨੁ ਹੈ ਨਾਮੇ ਹੀ ਚਿਤੁ ਲਾਇ॥੪॥੩॥		Naanak Naam Nidhhaan Hai Naamae Hee Chith Laae ||4||3||	O Nanak, the Naam is the greatest treasure. Focus your consciousness on the Naam. ||4||3||	ਹੇ ਨਾਨਕ! (ਉਸ ਮਨੁੱਖ ਵਾਸਤੇ) ਹਰਿ-ਨਾਮ ਹੀ ਖ਼ਜ਼ਾਨਾ ਹੈ, ਉਹ ਨਾਮ ਵਿਚ ਹੀ ਚਿੱਤ ਜੋੜੀ ਰੱਖਦਾ ਹੈ ॥੪॥੩॥
54112	1258	ਮਲਾਰ ਮਹਲਾ ੩॥		Malaar Mehalaa 3 ||	Malaar, Third Mehl:	
54113	1258	ਗੁਰੁ ਸਾਲਾਹੀ ਸਦਾ ਸੁਖਦਾਤਾ ਪ੍ਰਭੁ ਨਾਰਾਇਣੁ ਸੋਈ॥		Gur Saalaahee Sadhaa Sukhadhaathaa Prabh Naaraaein Soee ||	I praise the Guru, the Giver of peace, forever. He truly is the Lord God.	ਮੈਂ ਤਾਂ ਸਦਾ (ਆਪਣੇ) ਗੁਰੂ ਨੂੰ ਹੀ ਸਲਾਹੁੰਦਾ ਹਾਂ, ਉਹ ਸਾਰੇ ਸੁਖ ਦੇਣ ਵਾਲਾ ਹੈ (ਮੇਰੇ ਵਾਸਤੇ) ਉਹ ਨਾਰਾਇਣ ਪ੍ਰਭੂ ਹੈ।
54114	1258	ਗੁਰ ਪਰਸਾਦਿ ਪਰਮਪਦੁ ਪਾਇਆ ਵਡੀ ਵਡਿਆਈ ਹੋਈ॥		Gur Parasaadh Param Padh Paaeiaa Vaddee Vaddiaaee Hoee ||	By Guru's Grace, I have obtained the supreme status. His glorious greatness is glorious!	(ਜਿਸ ਮਨੁੱਖ ਨੇ) ਗੁਰੂ ਦੀ ਕਿਰਪਾ ਨਾਲ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲਿਆ, ਉਸ ਦੀ (ਲੋਕ ਪਰਲੋਕ ਵਿੱਚ) ਬੜੀ ਇੱਜ਼ਤ ਬਣ ਗਈ,
54115	1258	ਅਨ ਦਿਨੁ ਗੁਣ ਗਾਵੈ ਨਿਤ ਸਾਚੇ ਸਚਿ ਸਮਾਵੈ ਸੋਈ॥੧॥		Anadhin Gun Gaavai Nith Saachae Sach Samaavai Soee ||1||	One who sings the Glorious Praises of the True Lord, merges in the True Lord. ||1||	ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਸਦਾ ਗੁਣ ਗਾਂਦਾ ਹੈ, ਉਹ ਮਨੁੱਖ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ ॥੧॥

54116	1258	ਮਨ ਰੇ ਗੁਰਮੁਖਿ ਰਿਦੈ ਵੀਚਾਰਿ॥		Man Rae Guramukh Ridhai Veechaar ||	O mortal, contemplate the Guru's Word in your heart.	ਹੇ (ਮੇਰੇ) ਮਨ! ਗੁਰੂ ਦੀ ਸਰਨ ਪੈ ਕੇ ਹਿਰਦੇ ਵਿਚ (ਪਰਮਾਤਮਾ ਦੇ ਗੁਣਾਂ ਨੂੰ) ਵਿਚਾਰਿਆ ਕਰ।
54117	1258	ਤਜਿ ਕੂੜੁ ਕੁਟੰਬੁ ਹਉਮੈ ਬਿਖੁ ਤ੍ਰਿਸਨਾ ਚਲਣੁ ਰਿਦੈ ਸਮ੍ਹਾਲਿ ॥੧॥ਰਹਾਉ॥		Thaj Koorr Kuttanb Houmai Bikh Thrisanaa Chalan Ridhai Samhaal ||1|| Rehaao ||	Abandon your false family, poisonous egotism and desire; remember in your heart, that you will have to leave. ||1||Pause||	ਝੂਠ ਛੱਡ, ਕੁਟੰਬ (ਦਾ ਮੋਹ) ਛੱਡ, ਹਉਮੈ ਤਿਆਗ, ਆਤਮਕ ਮੌਤ ਲਿਆਉਣ ਵਾਲੀ ਤ੍ਰਿਸ਼ਨਾ ਛੱਡ। ਹਿਰਦੇ ਵਿਚ ਸਦਾ ਯਾਦ ਰੱਖ (ਕਿ ਇਥੋਂ) ਕੂਚ ਕਰਨਾ (ਹੈ) ॥੧॥ ਰਹਾਉ ॥
54118	1258	ਸਤਿਗੁਰੁ ਦਾਤਾ ਰਾਮ ਨਾਮ ਕਾ ਹੋਰੁ ਦਾਤਾ ਕੋਈ ਨਾਹੀ॥		Sathigur Dhaathaa Raam Naam Kaa Hor Dhaathaa Koee Naahee ||	The True Guru is the Giver of the Lord's Name. There is no other giver at all.	ਪਰਮਾਤਮਾ ਦੇ ਨਾਮ ਦੀ ਦਾਤ ਦੇਣ ਵਾਲਾ (ਸਿਰਫ਼) ਗੁਰੂ (ਹੀ) ਹੈ, (ਨਾਮ ਦੀ ਦਾਤਿ) ਦੇਣ ਵਾਲਾ (ਗੁਰੂ ਤੋਂ ਬਿਨਾ) ਹੋਰ ਕੋਈ ਨਹੀਂ।
54119	1259	ਜੀਅ ਦਾਨੁ ਦੇਇ ਤ੍ਰਿਪਤਾਸੇ ਸਚੈ ਨਾਮਿ ਸਮਾਹੀ॥		Jeea Dhaan Dhaee Thripathaasae Sachai Naam Samaahee ||	Bestowing the gift of the soul, He satisfies the mortal beings, and merges them in the True Name.	ਜਿਨ੍ਹਾਂ ਮਨੁੱਖਾਂ ਨੂੰ ਗੁਰੂ ਆਤਮਕ ਜੀਵਨ ਦੀ ਦਾਤ ਦੇਂਦਾ ਹੈ, ਉਹ (ਮਾਇਆ ਦੀ ਤ੍ਰਿਸ਼ਨਾ ਵੱਲੋਂ) ਰੱਜ ਜਾਂਦੇ ਹਨ, ਉਹ ਮਨੁੱਖ ਸਦਾ-ਥਿਰ ਹਰਿ-ਨਾਮ ਵਿਚ ਲੀਨ ਰਹਿੰਦੇ ਹਨ,

54120	1259	ਅਨ ਦਿਨੁ ਹਰਿ ਰਵਿਆ ਰਿਦ ਅੰਤਰਿ ਸਹਜਿ ਸਮਾਧਿ ਲਗਾਹੀ॥੨॥		Anadhin Har Raviaa Ridh Anthar Sehaj Samaadhh Lagaahee ||2||	Night and day, they ravish and enjoy the Lord within the heart; they are intuitively absorbed in Samaadhi. ||2||	ਉਹਨਾਂ ਦੇ ਹਿਰਦੇ ਵਿਚ ਪਰਮਾਤਮਾ (ਦਾ ਨਾਮ) ਹਰ ਵੇਲੇ ਵੱਸਿਆ ਰਹਿੰਦਾ ਹੈ, ਉਹ ਆਤਮਕ ਅਡੋਲਤਾ ਵਿਚ ਸਦਾ ਟਿਕੇ ਰਹਿੰਦੇ ਹਨ ॥੨॥
54121	1259	ਸਤਿਗੁਰ ਸਬਦੀ ਇਹੁ ਮਨੁ ਭੇਦਿਆ ਹਿਰਦੈ ਸਾਚੀ ਬਾਣੀ॥		Sathigur Sabadhee Eihu Man Bhaedhiaa Hiradhai Saachee Baanee ||	The Shabad, the Word of the True Guru, has pierced my mind. The True Word of His Bani permeates my heart.	ਜਿਸ ਮਨੁੱਖ ਦਾ ਇਹ ਮਨ ਗੁਰੂ ਦੇ ਸ਼ਬਦ ਵਿਚ ਵਿੱਝ ਜਾਂਦਾ ਹੈ, ਉਸ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਟਿਕੀ ਰਹਿੰਦੀ ਹੈ।
54122	1259	ਮੇਰਾ ਪ੍ਰਭੁ ਅਲਖੁ ਨ ਜਾਈ ਲਖਿਆ ਗੁਰਮੁਖਿ ਅਕਥ ਕਹਾਣੀ॥	ਅ-ਕਥ: ਪੋਲਾ ਬੋਲੋ	Maeraa Prabh Alakh N Jaaee Lakhiaa Guramukh Akathh Kehaanee ||	My God is Unseen; He cannot be seen. The Gurmukh speaks the Unspoken.	ਮੇਰਾ ਪ੍ਰਭੂ ਅਲੱਖ ਹੈ ਉਸ ਦਾ ਸਹੀ ਸਰੂਪ ਸਮਝਿਆ ਨਹੀਂ ਜਾ ਸਕਦਾ। ਗੁਰੂ ਦੀ ਸਰਨ ਪੈ ਕੇ ਉਸ ਅਕੱਥ ਦੀ ਸਿਫ਼ਤ-ਸਾਲਾਹ ਕੀਤੀ ਜਾ ਸਕਦੀ ਹੈ।
54123	1259	ਆਪੇ ਦਇਆ ਕਰੇ ਸੁਖਦਾਤਾ ਜਪੀਐ ਸਾਰਿੰਗਪਾਣੀ॥੩॥		Aapae Dhaeiaa Karae Sukhadhaathaa Japeeai Saaringapaanee ||3||	When the Giver of peace grants His Grace, the mortal being meditates on the Lord, the Life of the Universe. ||3||	ਸਾਰੇ ਸੁਖ ਦੇਣ ਵਾਲਾ ਧਨੁਖ-ਧਾਰੀ ਪ੍ਰਭੂ ਆਪ ਹੀ ਜਦੋਂ ਮਿਹਰ ਕਰਦਾ ਹੈ, ਤਾਂ ਉਸ ਦਾ ਨਾਮ ਜਪਿਆ ਜਾ ਸਕਦਾ ਹੈ ॥੩॥

54124	1259	ਆਵਣ ਜਾਣਾ ਬਹੁੜਿ ਨ ਹੋਵੈ ਗੁਰਮੁਖਿ ਸਹਜਿ ਧਿਆਇਆ॥		Aavan Jaanaa Bahurr N Hovai Guramukh Sehaj Dhhiaaeiaa ||	He does not come and go in renicarnation any longer; the Gurmukh meditates intuitively.	ਗੁਰੂ ਦੇ ਸਨਮੁਖ ਹੋ ਕੇ ਜਿਸ ਮਨੁੱਖ ਨੇ ਆਤਮਕ ਅਡੋਲਤਾ ਵਿਚ (ਟਿੱਕ ਕੇ) ਪਰਮਾਤਮਾ ਦਾ ਨਾਮ ਸਿਮਰਿਆ, ਉਸ ਨੂੰ ਮੁੜ ਜਨਮ ਮਰਨ ਦਾ ਗੇੜ ਨਹੀਂ ਹੁੰਦਾ।
54125	1259	ਮਨ ਹੀ ਤੇ ਮਨੁ ਮਿਲਿਆ ਸੁਆਮੀ ਮਨ ਹੀ ਮੰਨੁ ਸਮਾਇਆ॥		Man Hee Thae Man Miliaa Suaamee Man Hee Mann Samaaeiaa ||	From the mind, the mind merges into our Lord and Master; the mind is absorbed into the Mind.	ਉਸ ਨੂੰ ਆਪਣੇ ਅੰਦਰੋਂ ਹੀ ਆਪੇ ਦੀ ਸੂਝ ਹੋ ਜਾਂਦੀ ਹੈ, ਉਸ ਨੂੰ ਮਾਲਕ-ਪ੍ਰਭੂ ਮਿਲ ਪੈਂਦਾ ਹੈ, ਉਸ ਦਾ ਮਨ (ਫਿਰ) ਅੰਦਰ ਹੀ ਲੀਨ ਹੋ ਜਾਂਦਾ ਹੈ।
54126	1259	ਸਾਚੇ ਹੀ ਸਚੁ ਸਾਚਿ ਪਤੀਜੈ ਵਿਚਹੁ ਆਪੁ ਗਵਾਇਆ॥੪॥		Saachae Hee Sach Saach Patheejai Vichahu Aap Gavaaeiaa ||4||	In truth, the True Lord is pleased with truth; eradicate egotism from within yourself. ||4||	ਸਦਾ-ਥਿਰ ਹਰੀ ਨੂੰ (ਹਿਰਦੇ ਵਿਚ ਵਸਾ ਕੇ) ਉਹ ਹਰ ਵੇਲੇ ਸਦਾ-ਥਿਰ ਪ੍ਰਭੂ ਵਿਚ ਹੀ ਗਿੱਝਾ ਰਹਿੰਦਾ ਹੈ, ਉਹ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਲੈਂਦਾ ਹੈ ॥੪॥
54127	1259	ਏਕੋ ਏਕੁ ਵਸੈ ਮਨਿ ਸੁਆਮੀ ਦੂਜਾ ਅਵਰੁ ਨ ਕੋਈ॥		Eaeko Eaek Vasai Man Suaamee Dhoojaa Avar N Koee ||	Our One and Only Lord and Master dwells within the mind; there is no other at all.	ਉਹਨਾਂ ਦੇ ਮਨ ਵਿਚ ਸਦਾ ਮਾਲਕ-ਪ੍ਰਭੂ ਹੀ ਵੱਸਿਆ ਰਹਿੰਦਾ ਹੈ, ਹੋਰ ਕੋਈ ਦੂਜਾ ਨਹੀਂ ਵੱਸਦਾ।

54128	1259	ਏਕੋ ਨਾਮੁ ਅੰਮ੍ਰਿਤੁ ਹੈ ਮੀਠਾ ਜਗਿ ਨਿਰਮਲ ਸਚੁ ਸੋਈ॥		Eaekuo Naam Anmrith Hai Meethaa Jag Niramal Sach Soee ||	The One Name is Sweet Ambrosial Nectar; it is Immaculate Truth in the world.	ਉਹਨਾਂ ਨੂੰ ਆਤਮਕ ਜੀਵਨ ਦੇਣ ਵਾਲਾ ਸਿਰਫ਼ ਹਰਿ-ਨਾਮ ਹੀ ਮਿੱਠਾ ਲੱਗਦਾ ਹੈ। ਜਗਤ ਵਿਚ (ਹਰ ਥਾਂ ਉਹਨਾਂ ਨੂੰ) ਉਹੀ ਦਿੱਸਦਾ ਹੈ ਜੋ ਪਵਿੱਤਰ ਹੈ ਅਤੇ ਸਦਾ ਕਾਇਮ ਰਹਿਣ ਵਾਲਾ ਹੈ।
54129	1259	ਨਾਨਕ ਨਾਮੁ ਪ੍ਰਭੂ ਤੇ ਪਾਈਐ ਜਿਨ ਕਉ ਧੁਰਿ ਲਿਖਿਆ ਹੋਈ॥੫॥੪॥		Naanak Naam Prabhoo Thae Paaeeai Jin Ko Dhhur Likhiaa Hoee ||5||4||	O Nanak, the Name of God is obtained, by those who are so predestined. ||5||4||	ਹੇ ਨਾਨਕ! (ਆਖ-ਹੇ ਭਾਈ!) ਪਰਮਾਤਮਾ ਦਾ ਨਾਮ ਪਰਮਾਤਮਾ ਪਾਸੋਂ ਹੀ ਮਿਲਦਾ ਹੈ। (ਮਿਲਦਾ ਉਹਨਾਂ ਨੂੰ ਹੈ) ਜਿਨ੍ਹਾਂ ਦੇ ਭਾਗਾਂ ਵਿਚ ਧੁਰ ਦਰਗਾਹ ਤੋਂ ਹੀ (ਨਾਮ ਦੀ ਪ੍ਰਾਪਤੀ ਦਾ ਲੇਖ) ਲਿਖਿਆ ਹੁੰਦਾ ਹੈ ॥੫॥੪॥
54130	1259	ਮਲਾਰ ਮਹਲਾ ੩॥		Malaar Mehalaa 3 ||	Malaar, Third Mehl:	
54131	1259	ਗਣ ਗੰਧਰਬ ਨਾਮੇ ਸਭਿ ਉਧਰੇ ਗੁਰ ਕਾ ਸਬਦੁ ਵੀਚਾਰਿ॥		Gan Gandhharab Naamae Sabh Oudhharae Gur Kaa Sabadh Veechaar ||	All the heavenly heralds and celestial singers are saved through the Naam, the Name of the Lord.	ਗਣ ਗੰਧਰਬ (ਆਦਿਕ ਦੇਵ-ਸ੍ਰੇਣੀਆਂ ਦੇ ਲੋਕ) ਸਾਰੇ ਪਰਮਾਤਮਾ ਦੇ ਨਾਮ ਦੀ ਰਾਹੀਂ ਹੀ, ਗੁਰੂ ਦਾ ਸ਼ਬਦ ਮਨ ਵਿਚ ਵਸਾ ਕੇ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘੇ ਹਨ।

54132	1259	ਹਉਮੈ ਮਾਰਿ ਸਦ ਮੰਨਿ ਵਸਾਇਆ ਹਰਿ ਰਾਖਿਆ ਉਰਿ ਧਾਰਿ॥		Houmai Maar Sadh Mann Vasaaeiaa Har Raakhiaa Our Dhhaar ||	They contemplate the Word of the Guru's Shabad. Subduing their ego, the Name abides in their minds; they keep the Lord enshrined in their hearts.	(ਜਿਨ੍ਹਾਂ ਨੇ) ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਟਿਕਾਈ ਰੱਖਿਆ, ਉਹਨਾਂ ਨੇ (ਆਪਣੇ ਅੰਦਰੋਂ) ਹਉਮੈ ਨੂੰ ਮੁਕਾ ਕੇ ਪ੍ਰਭੂ ਦੇ ਨਾਮ ਨੂੰ ਸਦਾ ਆਪਣੇ ਮਨ ਵਿਚ ਵਸਾ ਲਿਆ।
54133	1259	ਜਿਸਹਿ ਬੁਝਾਏ ਸੋਈ ਬੂਝੈ ਜਿਸ ਨੋ ਆਪੇ ਲਏ ਮਿਲਾਇ॥		Jisehi Bujhaaeae Soee Boojhai Jis No Aapae Leae Milaae ||	He alone understands, whom the Lord causes to understand; the Lord unites him with Himself.	ਉਹੀ ਮਨੁੱਖ (ਇਸ ਸਹੀ ਜੀਵਨ-ਰਾਹ ਨੂੰ) ਸਮਝਦਾ ਹੈ, ਜਿਸ ਨੂੰ ਪਰਮਾਤਮਾ ਆਪ ਹੀ ਸੂਝ ਬਖ਼ਸ਼ਦਾ ਹੈ, ਜਿਸ ਨੂੰ ਆਪ (ਆਪਣੇ ਚਰਨਾਂ ਵਿਚ) ਜੋੜਦਾ ਹੈ।
54134	1259	ਅਨ ਦਿਨੁ ਬਾਣੀ ਸਬਦੇ ਗਾਂਵੈ ਸਾਚਿ ਰਹੈ ਲਿਵ ਲਾਇ॥੧॥		Anadhin Baanee Sabadhae Gaanvai Saach Rehai Liv Laae ||1||	Night and day, he sings the Word of the Shabad and the Guru's Bani; he remains lovingly attuned to the True Lord. ||1||	ਉਹ ਮਨੁੱਖ ਗੁਰੂ ਦੀ ਬਾਣੀ ਦੀ ਰਾਹੀਂ ਗੁਰੂ ਦੇ ਸ਼ਬਦ ਦੀ ਰਾਹੀਂ (ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਗੀਤ) ਗਾਂਦਾ ਹੈ, ਅਤੇ ਸਦਾ-ਥਿਰ ਪ੍ਰਭੂ ਵਿਚ ਸੁਰਤ ਜੋੜੀ ਰੱਖਦਾ ਹੈ ॥੧॥
54135	1259	ਮਨ ਮੇਰੇ ਖਿਨੁ ਖਿਨੁ ਨਾਮੁ ਸਮ੍ਹਾਲਿ॥		Man Maerae Khin Khin Naam Samhaal ||	O my mind, each and every moment, dwell on the Naam.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਇਕ ਇਕ ਖਿਨ ਯਾਦ ਕਰਦਾ ਰਹੁ।

54136	1259	ਗੁਰ ਕੀ ਦਾਤਿ ਸਬਦ ਸੁਖੁ ਅੰਤਰਿ ਸਦਾ ਨਿਬਹੈ ਤੇਰੈ ਨਾਲਿ॥੧॥ਰਹਾਉ॥		Gur Kee Dhaath Sabadh Sukh Anthar Sadhaa Nibehai Thaerai Naal ||1|| Rehaao ||	The Shabad is the Guru's Gift. It shall bring you lasting peace deep within; it shall always stand by you. ||1||Pause||	ਗੁਰੂ ਦੇ ਬਖ਼ਸ਼ੇ ਸ਼ਬਦ ਦਾ ਆਨੰਦ ਤੇਰੇ ਅੰਦਰ ਟਿਕਿਆ ਰਹੇਗਾ। ਹੇ ਮਨ! (ਇਹ ਹਰਿ-ਨਾਮ) ਤੇਰੇ ਨਾਲ ਸਦਾ ਸਾਥ ਬਣਾਈ ਰੱਖੇਗਾ ॥੧॥ ਰਹਾਉ ॥
54137	1259	ਮਨਮੁਖ ਪਾਖੰਡੁ ਕਦੇ ਨ ਚੂਕੈ ਦੂਜੈ ਭਾਇ ਦੁਖੁ ਪਾਏ॥		Manamukh Paakhandd Kadhae N Chookai Dhoojai Bhaae Dhukh Paaeae ||	The self-willed manmukhs never give up their hypocrisy; in the love of duality, they suffer in pain.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ ਪਖੰਡ ਕਦੇ ਮੁੱਕਦਾ ਨਹੀਂ। ਉਹ ਮਾਇਆ ਦੇ ਮੋਹ ਵਿਚ ਦੁੱਖ ਸਹਾਰਦਾ ਰਹਿੰਦਾ ਹੈ।
54138	1259	ਨਾਮੁ ਵਿਸਾਰਿ ਬਿਖਿਆ ਮਨਿ ਰਾਤੇ ਬਿਰਥਾ ਜਨਮੁ ਗਵਾਏ॥		Naam Visaar Bikhiaa Man Raathae Birathhaa Janam Gavaaeae ||	Forgetting the Naam, their minds are imbued with corruption. They waste away their lives uselessly.	ਪ੍ਰਭੂ-ਨਾਮ ਨੂੰ ਭੁਲਾ ਕੇ ਆਪਣੇ ਮਨੋਂ ਮਾਇਆ ਵਿਚ ਰੰਗਿਆ ਰਹਿਣ ਕਰਕੇ ਉਹ ਆਪਣੀ ਜ਼ਿੰਦਗੀ ਵਿਅਰਥ ਗਵਾਂਦਾ ਹੈ।
54139	1259	ਇਹ ਵੇਲਾ ਫਿਰਿ ਹਥਿ ਨ ਆਵੈ ਅਨ ਦਿਨੁ ਸਦਾ ਪਛੁਤਾਏ॥		Eih Vaelaa Fir Hathh N Aavai Anadhin Sadhaa Pashhuthaaeae ||	This opportunity shall not come into their hands again; night and day, they shall always regret and repent.	ਉਸ ਨੂੰ ਇਹ (ਮਨੁੱਖਾ ਜਨਮ ਦਾ) ਸਮਾ ਮੁੜ ਨਹੀਂ ਮਿਲਦਾ, (ਇਸ ਵਾਸਤੇ) ਸਦਾ ਹੱਥ ਮਲਦਾ ਰਹਿੰਦਾ ਹੈ।

54140	1259	ਮਰਿ ਮਰਿ ਜਨਮੈ ਕਦੇ ਨ ਬੂਝੈ ਵਿਸਟਾ ਮਾਹਿ ਸਮਾਏ॥੨॥		Mar Mar Janamai Kadhae N Boojhai Visattaa Maahi Samaaeae ||2||	They die and die again and again, only to be reborn, but they never understand. They rot away in manure. ||2||	ਉਹ ਸਦਾ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ (ਸਹੀ ਜੀਵਨ-ਰਾਹ ਨੂੰ) ਸਮਝ ਨਹੀਂ ਸਕਦਾ, ਅਤੇ (ਵਿਕਾਰਾਂ ਦੇ) ਗੰਦ ਵਿਚ ਲੀਨ ਰਹਿੰਦਾ ਹੈ ॥੨॥
54141	1259	ਗੁਰਮੁਖਿ ਨਾਮਿ ਰਤੇ ਸੇ ਉਧਰੇ ਗੁਰ ਕਾ ਸਬਦੁ ਵੀਚਾਰਿ॥		Guramukh Naam Rathae Sae Oudhharae Gur Kaa Sabadh Veechaar ||	The Gurmukhs are imbued with the Naam, and are saved; they contemplate the Word of the Guru's Shabad.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਹਰਿ-ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹ ਗੁਰੂ ਦੇ ਸ਼ਬਦ ਨੂੰ ਮਨ ਵਿਚ ਵਸਾ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ।
54142	1259	ਜੀਵਨ ਮੁਕਤਿ ਹਰਿ ਨਾਮੁ ਧਿਆਇਆ ਹਰਿ ਰਾਖਿਆ ਉਰਿ ਧਾਰਿ॥		Jeevan Mukath Har Naam Dhhiaaeiaa Har Raakhiaa Our Dhhaar ||	Meditating on the Name of the Lord, they are Jivan-mukta, liberated while yet alive. They enshrine the Lord within their hearts.	ਜਿਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ, ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੇ ਹਨ, ਉਹ ਜੀਊਂਦੇ ਹੀ (ਦੁਨੀਆ ਦੀ ਕਿਰਤ-ਕਾਰ ਕਰਦੇ ਹੋਏ ਹੀ) ਵਿਕਾਰਾਂ ਤੋਂ ਖ਼ਲਾਸੀ ਪਾਈ ਰੱਖਦੇ ਹਨ।

54143	1259	ਮਨੁ ਤਨੁ ਨਿਰਮਲੁ ਨਿਰਮਲ ਮਤਿ ਊਤਮ ਊਤਮ ਬਾਣੀ ਹੋਈ॥		Man Than Niramal Niramal Math Ootham Ootham Baanee Hoee ||	Their minds and bodies are immaculate, their intellect is immaculate and sublime. Their speech is sublime as well.	ਉਹਨਾਂ ਦਾ ਮਨ ਪਵਿੱਤਰ ਹੋ ਜਾਂਦਾ ਹੈ, ਉਹਨਾਂ ਦਾ ਸਰੀਰ ਪਵਿੱਤਰ ਹੋ ਜਾਂਦਾ ਹੈ, ਉਹਨਾਂ ਦੀ ਮੱਤ ਉੱਚੀ ਹੋ ਜਾਂਦੀ ਹੈ, ਉਹਨਾਂ ਦਾ ਬੋਲ-ਚਾਲ ਉੱਤਮ ਹੋ ਜਾਂਦਾ ਹੈ।
54144	1259	ਏਕੋ ਪੁਰਖੁ ਏਕੋ ਪ੍ਰਭੁ ਜਾਤਾ ਦੂਜਾ ਅਵਰੁ ਨ ਕੋਈ॥੩॥		Eaeko Purakh Eaek Prabh Jaathaa Dhoojaa Avar N Koee ||3||	They realize the One Primal Being, the One Lord God. There is no other at all. ||3||	ਉਹ ਮਨੁੱਖ ਇਕ ਸਰਬ-ਵਿਆਪਕ ਪ੍ਰਭੂ ਨਾਲ ਹੀ ਡੂੰਘੀ ਸਾਂਝ ਪਾਈ ਰੱਖਦੇ ਹਨ (ਪ੍ਰਭੂ ਤੋਂ ਬਿਨਾ) ਕੋਈ ਹੋਰ ਦੂਜਾ (ਉਹਨਾਂ ਨੂੰ ਕਿਤੇ) ਨਹੀਂ (ਦਿੱਸਦਾ) ॥੩॥
54145	1259	ਆਪੇ ਕਰੇ ਕਰਾਏ ਪ੍ਰਭੁ ਆਪੇ ਆਪੇ ਨਦਰਿ ਕਰੇਇ॥	ਕਰੇ-ਇ	Aapae Karae Karaaeae Prabh Aapae Aapae Nadhar Karaee ||	God Himself is the Doer, and He Himself is the Cause of causes. He Himself bestows His Glance of Grace.	ਪ੍ਰਭੂ ਆਪ ਹੀ ਸਭ ਕੁਝ ਕਰਦਾ ਹੈ ਤੇ (ਜੀਵਾਂ ਪਾਸੋਂ) ਕਰਾਂਦਾ ਹੈ, ਆਪ ਹੀ ਮਿਹਰ ਦੀ ਨਿਗਾਹ (ਜੀਵਾਂ ਉਤੇ) ਕਰਦਾ ਹੈ।
54146	1259	ਮਨੁ ਤਨੁ ਰਾਤਾ ਗੁਰ ਕੀ ਬਾਣੀ ਸੇਵਾ ਸੁਰਤਿ ਸਮੇਇ॥	ਸਮੇ-ਇ	Man Than Raathaa Gur Kee Baanee Saevaa Surath Samaee ||	My mind and body are imbued with the Word of the Guru's Bani. My consciousness is immersed in His service.	(ਜਿਸ ਮਨੁੱਖ ਉਤੇ ਮਿਹਰ ਦੀ ਨਿਗਾਹ ਕਰਦਾ ਹੈ, ਉਸ ਦਾ) ਮਨ (ਉਸ ਦਾ) ਤਨ ਗੁਰੂ ਦੀ ਬਾਣੀ (ਦੇ ਰੰਗ) ਵਿਚ ਰੰਗਿਆ ਰਹਿੰਦਾ ਹੈ, ਉਸ ਦੀ ਸੁਰਤ (ਪ੍ਰਭੂ ਦੀ) ਭਗਤੀ ਵਿਚ ਲੀਨ ਰਹਿੰਦੀ ਹੈ।

54147	1259	ਅੰਤਰਿ ਵਸਿਆ ਅਲਖ ਅਭੇਵਾ ਗੁਰਮੁਖਿ ਹੋਇ ਲਖਾਇ॥	ਅਲਖ: ਪੋਲਾ ਬੋਲੋ	Anthar Vasiaa Alakh Abhaevaa Guramukh Hoe Lakhaae ||	The Unseen and Inscrutable Lord dwells deep within. He is seen only by the Gurmukh.	ਉਸ ਦੇ ਅੰਦਰ ਅਲੱਖ ਅਤੇ ਅਭੇਵ ਪ੍ਰਭੂ ਪਰਗਟ ਹੋ ਜਾਂਦਾ ਹੈ। ਗੁਰੂ ਦੇ ਸਨਮੁਖ ਹੋ ਕੇ (ਉਹ ਅੰਦਰ ਵੱਸਦੇ ਪ੍ਰਭੂ ਨੂੰ) ਵੇਖ ਲੈਂਦਾ ਹੈ।
54148	1259	ਨਾਨਕ ਜਿਸੁ ਭਾਵੈ ਤਿਸੁ ਆਪੇ ਦੇਵੈ ਭਾਵੈ ਤਿਵੈ ਚਲਾਇ॥੪॥੫॥		Naanak Jis Bhaavai This Aapae Dhaevai Bhaavai Thivai Chalaae ||4||5||	O Nanak, He gives to whomever He pleases. According to the Pleasure of His Will, He leads the mortals on. ||4||5||	ਹੇ ਨਾਨਕ! ਜਿਹੜਾ ਮਨੁੱਖ ਪ੍ਰਭੂ ਨੂੰ ਭਾ ਜਾਂਦਾ ਹੈ ਉਸ ਨੂੰ ਇਹ ਦਾਤ ਬਖ਼ਸ਼ਦਾ ਹੈ। ਜਿਵੇਂ ਉਸ ਦੀ ਰਜ਼ਾ ਹੁੰਦੀ ਹੈ ਉਹ (ਜੀਵਾਂ ਨੂੰ) ਜੀਵਨ-ਰਾਹ ਉਤੇ ਤੋਰਦਾ ਹੈ ॥੪॥੫॥
54149	1259	ਮਲਾਰ ਮਹਲਾ ੩ ਦੁਤੁਕੇ॥	ਦੁ-ਤੁਕੇ	Malaar Mehalaa 3 Dhuthukae ||	Malaar, Third Mehl, Du-Tukas:	
54150	1259	ਸਤਿਗੁਰ ਤੇ ਪਾਵੈ ਘਰੁ ਦਰੁ ਮਹਲੁ ਸੁਥਾਨੁ॥		Sathigur Thae Paavai Ghar Dhar Mehal S Thhaan ||	Through the True Guru the mortal obtains the special place the Mansion of the Lord's Presence in his own home.	ਮਨੁੱਖ ਗੁਰੂ ਪਾਸੋਂ ਹੀ ਪਰਮਾਤਮਾ ਦਾ ਘਰ ਪ੍ਰਭੂ ਦਾ ਦਰ ਪ੍ਰਭੂ ਦਾ ਮਹਲ ਅਤੇ ਥਾਂ ਲੱਭ ਸਕਦਾ ਹੈ।
54151	1259	ਗੁਰ ਸਬਦੀ ਚੂਕੈ ਅਭਿਮਾਨੁ॥੧॥		Gur Sabadhee Chookai Abhimaan ||1||	Through the Word of the Guru's Shabad, his egotistical pride is dispelled. ||1||	ਗੁਰੂ ਦੇ ਸ਼ਬਦ ਦੀ ਰਾਹੀਂ ਹੀ (ਮਨੁੱਖ ਦੇ ਅੰਦਰੋਂ) ਅਹੰਕਾਰ ਮੁੱਕਦਾ ਹੈ ॥੧॥

54152	1259	ਜਿਨ ਕਉ ਲਿਲਾਟਿ ਲਿਖਿਆ ਧੁਰਿ ਨਾਮੁ॥		Jin Ko Lilaatt Likhiaa Dhhur Naam ||	Those who have the Naam inscribed on their foreheads,	ਜਿਨ੍ਹਾਂ ਮਨੁੱਖਾਂ ਵਾਸਤੇ (ਉਹਨਾਂ ਦੇ) ਮੱਥੇ ਉਤੇ ਧੁਰ ਦਰਗਾਹ ਤੋਂ ਨਾਮ (ਦਾ ਸਿਮਰਨ) ਲਿਖਿਆ ਹੁੰਦਾ ਹੈ,
54153	1259	ਅਨ ਦਿਨੁ ਨਾਮੁ ਸਦਾ ਸਦਾ ਧਿਆਵਹਿ ਸਾਚੀ ਦਰਗਹ ਪਾਵਹਿ ਮਾਨੁ॥੧॥ਰਹਾਉ॥		Anadhin Naam Sadhaa Sadhaa Dhhiaavehi Saachee Dharageh Paavehi Maan ||1|| Rehaao ||	Meditate on the Naam night and day, forever and ever. They are honored in the True Court of the Lord. ||1||Pause||	ਉਹ ਮਨੁੱਖ ਹਰ ਵੇਲੇ ਸਦਾ ਹੀ ਸਦਾ ਹੀ ਨਾਮ ਸਿਮਰਦੇ ਰਹਿੰਦੇ ਹਨ, ਅਤੇ ਸਦਾ ਕਾਇਮ ਰਹਿਣ ਵਾਲੀ ਦਰਗਾਹ ਵਿਚ ਉਹ ਆਦਰ ਪ੍ਰਾਪਤ ਕਰਦੇ ਹਨ ॥੧॥ ਰਹਾਉ ॥
54154	1259	ਮਨ ਕੀ ਬਿਧਿ ਸਤਿਗੁਰ ਤੇ ਜਾਨੈ ਅਨ ਦਿਨੁ ਲਾਗੈ ਸਦ ਹਰਿ ਸਿਉ ਧਿਆਨੁ॥		Man Kee Bidhh Sathigur Thae Jaanai Anadhin Laagai Sadh Har Sio Dhhiaan ||	From the True Guru, they learn the ways and means of the mind. Night and day, they focus their meditation on the Lord forever.	(ਜਿਹੜਾ ਮਨੁੱਖ) ਗੁਰੂ ਪਾਸੋਂ ਮਨ (ਨੂੰ ਜਿੱਤਣ) ਦਾ ਢੰਗ ਸਿੱਖ ਲੈਂਦਾ ਹੈ, ਉਸ ਦੀ ਸੁਰਤ ਹਰ ਵੇਲੇ ਸਦਾ ਹੀ ਪਰਮਾਤਮਾ (ਦੇ ਚਰਨਾਂ) ਨਾਲ ਲੱਗੀ ਰਹਿੰਦੀ ਹੈ।
54155	1260	ਗੁਰ ਸਬਦਿ ਰਤੇ ਸਦਾ ਬੈਰਾਗੀ ਹਰਿ ਦਰਗਹ ਸਾਚੀ ਪਾਵਹਿ ਮਾਨੁ॥੨॥		Gur Sabadh Rathae Sadhaa Bairaagee Har Dharageh Saachee Paavehi Maan ||2||	Imbued with the Word of the Guru's Shabad, they remain forever detached. They are honored in the True Court of the Lord. ||2||	ਜਿਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਰੰਗੇ ਰਹਿੰਦੇ ਹਨ, ਉਹ ਸਦਾ (ਮਾਇਆ ਦੇ ਮੋਹ ਤੋਂ) ਨਿਰਲੇਪ ਰਹਿੰਦੇ ਹਨ, ਉਹ ਸਦਾ-ਥਿਰ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਪ੍ਰਾਪਤ ਕਰਦੇ ਹਨ ॥੨॥

54156	1260	ਇਹੁ ਮਨੁ ਖੇਲੈ ਹੁਕਮ ਕਾ ਬਾਧਾ ਇਕ ਖਿਨ ਮਹਿ ਦਹ ਦਿਸ ਫਿਰਿ ਆਵੈ॥		Eihu Man Khaelai Hukam Kaa Baadhhaa Eik Khin Mehi Dheh Dhis Fir Aavai ||	This mind plays, subject to the Lord's Will; in an instant, it wanders out in the ten directions and returns home again.	(ਮਨੁੱਖ ਦਾ) ਇਹ ਮਨ (ਪਰਮਾਤਮਾ ਦੇ) ਹੁਕਮ ਦਾ ਬੱਝਾ ਹੋਇਆ ਹੀ (ਮਾਇਆ ਦੀਆਂ ਖੇਡਾਂ) ਖੇਡਦਾ ਰਹਿੰਦਾ ਹੈ, ਅਤੇ ਇਕ ਖਿਨ ਵਿਚ ਹੀ ਦਸੀਂ ਪਾਸੀਂ ਦੌੜ ਭੱਜ ਆਉਂਦਾ ਹੈ।
54157	1260	ਜਾਂ ਆਪੇ ਨਦਰਿ ਕਰੇ ਹਰਿ ਪ੍ਰਭੁ ਸਾਚਾ ਤਾਂ ਇਹੁ ਮਨੁ ਗੁਰਮੁਖਿ ਤਤਕਾਲ ਵਸਿ ਆਵੈ॥੩॥	ਤੱਤਕਾਲ। ਵੱਸਿ	Jaan Aapae Nadhar Karae Har Prabh Saachaa Thaan Eihu Man Guramukh Thathakaal Vas Aavai ||3||	When the True Lord God Himself bestows His Glance of Grace, then this mind is instantly brought under control by the Gurmukh. ||3||	ਜਦੋਂ ਸਦਾ-ਥਿਰ ਪ੍ਰਭੂ ਆਪ ਹੀ (ਕਿਸੇ ਮਨੁੱਖ ਉਤੇ) ਮਿਹਰ ਦੀ ਨਿਗਾਹ ਕਰਦਾ ਹੈ, ਤਦੋਂ ਉਸ ਦਾ ਇਹ ਮਨ ਗੁਰੂ ਦੀ ਸਰਨ ਦੀ ਬਰਕਤਿ ਨਾਲ ਬੜੀ ਛੇਤੀ ਵੱਸ ਵਿਚ ਆ ਜਾਂਦਾ ਹੈ ॥੩॥
54158	1260	ਇਸੁ ਮਨ ਕੀ ਬਿਧਿ ਮਨ ਹੂ ਜਾਣੈ ਬੂਝੈ ਸਬਦਿ ਵੀਚਾਰਿ॥		Eis Man Kee Bidhh Man Hoo Jaanai Boojhai Sabadh Veechaar ||	The mortal comes to know the ways and means of the mind, realizing and contemplating the Shabad.	ਜਦੋਂ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਦੇ ਗੁਣਾਂ ਨੂੰ) ਆਪਣੇ ਮਨ ਵਿਚ ਵਸਾ ਕੇ (ਸਹੀ ਜੀਵਨ-ਰਾਹ ਨੂੰ) ਸਮਝਦਾ ਹੈ, ਤਾਂ ਉਹ ਆਪਣੇ ਅੰਦਰੋਂ ਹੀ ਇਸ ਮਨ ਨੂੰ ਵੱਸ ਵਿਚ ਰੱਖਣ ਦੀ ਜਾਚ ਸਿੱਖ ਲੈਂਦਾ ਹੈ।

54159	1260	ਨਾਨਕ ਨਾਮੁ ਧਿਆਇ ਸਦਾ ਤੂ ਭਵ ਸਾਗਰੁ ਜਿਤੁ ਪਾਵਹਿ ਪਾਰਿ॥੪॥੬॥		Naanak Naam Dhhiaae Sadhaa Thoo Bhav Saagar Jith Paavehi Paar ||4||6||	O Nanak, meditate forever on the Naam, and cross over the terrifying world-ocean. ||4||6||	ਹੇ ਨਾਨਕ! ਤੂੰ ਸਦਾ ਪਰਮਾਤਮਾ ਦਾ ਨਾਮ ਸਿਮਰਿਆ ਕਰ, ਜਿਸ ਨਾਮ ਦੀ ਰਾਹੀਂ ਤੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਹਿਂਗਾ ॥੪॥੬॥
54160	1260	ਮਲਾਰ ਮਹਲਾ ੩॥		Malaar Mehalaa 3 ||	Malaar, Third Mehl:	
54161	1260	ਜੀਉ ਪਿੰਡੁ ਪ੍ਰਾਣ ਸਭਿ ਤਿਸ ਕੇ ਘਟਿ ਘਟਿ ਰਹਿਆ ਸਮਾਈ॥		Jeeo Pindd Praan Sabh This Kae Ghatt Ghatt Rehiaa Samaaee ||	Soul, body and breath of life are all His; He is permeating and pervading each and every heart.	ਜਿਹੜਾ ਪਰਮਾਤਮਾ ਹਰੇਕ ਸਰੀਰ ਵਿਚ ਸਮਾ ਰਿਹਾ ਹੈ, ਉਸ ਦੇ ਹੀ ਦਿੱਤੇ ਹੋਏ ਇਹ ਜਿੰਦ ਇਹ ਸਰੀਰ ਇਹ ਪ੍ਰਾਣ ਇਹ ਸਾਰੇ ਅੰਗ ਹਨ।
54162	1260	ਏਕਸੁ ਬਿਨੁ ਮੈ ਅਵਰੁ ਨ ਜਾਣਾ ਸਤਿਗੁਰਿ ਦੀਆ ਬੁਝਾਈ॥੧॥		Eaekas Bin Mai Avar N Jaanaa Sathigur Dheeaa Bujhaaee ||1||	Except the One Lord, I do not know any other at all. The True Guru has revealed this to me. ||1||	ਗੁਰੂ ਨੇ (ਮੈਨੂੰ) ਸਮਝ ਬਖ਼ਸ਼ੀ ਹੈ। ਉਸ ਇਕ ਤੋਂ ਬਿਨਾ ਮੈਂ ਕਿਸੇ ਹੋਰ ਨਾਲ ਡੂੰਘੀ ਸਾਂਝ ਨਹੀਂ ਪਾਂਦਾ ॥੧॥
54163	1260	ਮਨ ਮੇਰੇ ਨਾਮਿ ਰਹਉ ਲਿਵ ਲਾਈ॥		Man Maerae Naam Reho Liv Laaee ||	O my mind, remain lovingly attuned to the Naam, the Name of the Lord.	ਹੇ ਮੇਰੇ ਮਨ! ਮੈਂ (ਤਾਂ ਸਦਾ) ਪਰਮਾਤਮਾ ਦੇ ਨਾਮ ਵਿਚ ਲਗਨ ਲਾਈ ਰੱਖਦਾ ਹਾਂ।

54164	1260	ਅਦਿਸਟੁ ਅਗੋਚਰੁ ਅਪਰੰਪਰੁ ਕਰਤਾ ਗੁਰ ਕੈ ਸਬਦਿ ਹਰਿ ਧਿਆਈ॥੧॥ਰਹਾਉ ॥	ਅਪ-ਰੰਪਰੁ।ਅ-ਦਿਸਟੁ	Adhisatt Agochar Aparanpar Karathaa Gur Kai Sabadh Har Dhhiaaee ||1|| Rehaao ||	Through the Word of the Guru's Shabad, I meditate on the Lord, the Unseen, Unfathomable and Infinite Creator. ||1||Pause||	ਜਿਹੜਾ ਕਰਤਾਰ (ਇਹਨਾਂ ਅੱਖਾਂ ਨਾਲ) ਦਿੱਸਦਾ ਨਹੀਂ, ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਜਿਹੜਾ ਬੇਅੰਤ ਹੀ ਬੇਅੰਤ ਹੈ, ਮੈਂ ਉਸ ਨੂੰ ਗੁਰੂ ਦੇ ਸ਼ਬਦ ਦੀ ਰਾਹੀਂ ਧਿਆਉਂਦਾ ਹਾਂ ॥੧॥ ਰਹਾਉ ॥
54165	1260	ਮਨੁ ਤਨੁ ਭੀਜੈ ਏਕ ਲਿਵ ਲਾਗੈ ਸਹਜੇ ਰਹੇ ਸਮਾਈ॥		Man Than Bheejai Eaek Liv Laagai Sehajae Rehae Samaaee ||	Mind and body are pleased, lovingly attuned to the One Lord, intuitively absorbed in peace and poise.	(ਜਿਨ੍ਹਾਂ ਮਨੁੱਖਾਂ ਦੀ) ਲਗਨ ਇਕ ਪਰਮਾਤਮਾ ਨਾਲ ਲੱਗੀ ਰਹਿੰਦੀ ਹੈ ਉਹਨਾਂ ਦਾ ਮਨ ਉਹਨਾਂ ਦਾ ਤਨ (ਨਾਮ-ਰਸ ਨਾਲ) ਭਿੱਜਾ ਰਹਿੰਦਾ ਹੈ, ਉਹ ਮਨੁੱਖ ਆਤਮਕ ਅਡੋਲਤਾ ਵਿਚ ਹੀ ਲੀਨ ਰਹਿੰਦੇ ਹਨ।
54166	1260	ਗੁਰ ਪਰਸਾਦੀ ਭ੍ਰਮੁ ਭਉ ਭਾਗੈ ਏਕ ਨਾਮਿ ਲਿਵ ਲਾਈ॥੨॥		Gur Parasaadhee Bhram Bho Bhaagai Eaek Naam Liv Laaee ||2||	By Guru's Grace, doubt and fear are dispelled, being lovingly attuned to the One Name. ||2||	ਜਿਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ ਸਿਰਫ਼ ਹਰਿ-ਨਾਮ ਵਿਚ ਸੁਰਤ ਜੋੜੀ ਰੱਖਦਾ ਹੈ, ਉਸ ਦੀ ਭਟਕਣਾ ਉਸ ਦਾ ਹਰੇਕ ਡਰ ਦੂਰ ਹੋ ਜਾਂਦਾ ਹੈ ॥੨॥
54167	1260	ਗੁਰ ਬਚਨੀ ਸਚੁ ਕਾਰ ਕਮਾਵੈ ਗਤਿ ਮਤਿ ਤਬ ਹੀ ਪਾਈ॥		Gur Bachanee Sach Kaar Kamaavai Gath Math Thab Hee Paaee ||	When the mortal follows the Guru's Teachings, and lives the Truth, then he attains the state of emancipation.	(ਜਦੋਂ ਮਨੁੱਖ) ਗੁਰੂ ਦੇ ਬਚਨਾਂ ਉੱਤੇ ਤੁਰ ਕੇ ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਾਰ ਕਰਦਾ ਹੈ, ਤਦੋਂ ਹੀ ਉਹ ਉੱਚੀ ਆਤਮਕ ਅਵਸਥਾ ਹਾਸਲ ਕਰ ਸਕਣ ਵਾਲੀ ਅਕਲ ਸਿੱਖਦਾ ਹੈ।

54168	1260	ਕੋਟਿ ਮਧੇ ਕਿਸਹਿ ਬੁਝਾਏ ਤਿਨਿ ਰਾਮ ਨਾਮਿ ਲਿਵ ਲਾਈ॥੩॥		Kott Madhhae Kisehi Bujhaaeae Thin Raam Naam Liv Laaee ||3||	Among millions, how rare is that one who understands, and is lovingly attuned to the Name of the Lord. ||3||	ਕ੍ਰੋੜਾਂ ਵਿਚੋਂ ਜਿਸ ਕਿਸੇ ਵਿਰਲੇ ਮਨੁੱਖ ਨੂੰ (ਗੁਰੂ ਆਤਮਕ ਜੀਵਨ ਦੀ) ਸੂਝ ਦੇਂਦਾ ਹੈ, ਉਸ ਮਨੁੱਖ ਨੇ (ਸਦਾ ਲਈ) ਪਰਮਾਤਮਾ ਦੇ ਨਾਮ ਵਿਚ ਸੁਰਤ ਜੋੜ ਲਈ ॥੩॥
54169	1260	ਜਹ ਜਹ ਦੇਖਾ ਤਹ ਏਕੋ ਸੋਈ ਇਹ ਗੁਰਮਤਿ ਬੁਧਿ ਪਾਈ॥		Jeh Jeh Dhaekhaa Theh Eaeko Soee Eih Guramath Budhh Paaee ||	Wherever I look, there I see the One. This understanding has come through the Guru's Teachings.	ਮੈਂ ਜਿਧਰ ਜਿਧਰ ਵੇਖਦਾ ਹਾਂ, ਉਧਰ ਉਧਰ ਇਕ ਪਰਮਾਤਮਾ ਹੀ ਵੱਸਦਾ (ਦਿੱਸਦਾ) ਹੈ-ਇਹ ਅਕਲ ਮੈਂ ਗੁਰੂ ਦੀ ਮੱਤ ਦੀ ਰਾਹੀਂ ਸਿੱਖੀ ਹੈ।
54170	1260	ਮਨੁ ਤਨੁ ਪ੍ਰਾਨ ਧਰੀ ਤਿਸੁ ਆਗੈ ਨਾਨਕ ਆਪੁ ਗਵਾਈ॥੪॥੭॥		Man Than Praan Dhharanaee This Aagai Naanak Aap Gavaaee ||4||7||	I place my mind, body and breath of life in offering before Him; O Nanak, self-conceit is gone. ||4||7||	ਹੇ ਨਾਨਕ! ਉਸ (ਗੁਰੂ) ਦੇ ਅੱਗੇ ਮੈਂ ਆਪਾ-ਭਾਵ ਗਵਾ ਕੇ ਆਪਣਾ ਮਨ ਆਪਣਾ ਸਰੀਰ ਆਪਣੇ ਪ੍ਰਾਣ ਭੇਟ ਧਰਦਾ ਹਾਂ ॥੪॥੭॥
54171	1260	ਮਲਾਰ ਮਹਲਾ ੩॥		Malaar Mehalaa 3 ||	Malaar, Third Mehl:	
54172	1260	ਮੇਰਾ ਪ੍ਰਭੁ ਸਾਚਾ ਦੂਖ ਨਿਵਾਰਣੁ ਸਬਦੇ ਪਾਇਆ ਜਾਈ॥		Maeraa Prabh Saachaa Dhookh Nivaaran Sabadhae Paaeiaa Jaaee ||	My True Lord God, the Eradicator of suffering, is found through the Word of the Shabad.	ਮੇਰਾ ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ। (ਜੀਵਾਂ ਦੇ) ਦੁੱਖਾਂ ਨੂੰ ਦੂਰ ਕਰਨ ਵਾਲਾ ਹੈ (ਉਹ ਪ੍ਰਭੂ ਗੁਰੂ ਦੇ) ਸ਼ਬਦ ਦੀ ਰਾਹੀਂ ਮਿਲ ਸਕਦਾ ਹੈ।

54173	1260	ਭਗਤੀ ਰਾਤੇ ਸਦ ਬੈਰਾਗੀ ਦਰਿ ਸਾਚੈ ਪਤਿ ਪਾਈ॥੧॥		Bhagathee Raathae Sadh Bairaagee Dhar Saachai Path Paaee ||1||	Imbued with devotional worship, the mortal remains forever detached. He is honored in the True Court of the Lord. ||1||	(ਜਿਹੜੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੀ) ਭਗਤੀ ਵਿਚ ਰੰਗੇ ਰਹਿੰਦੇ ਹਨ, ਉਹ ਸਦਾ ਨਿਰਲੇਪ ਰਹਿੰਦੇ ਹਨ, ਉਹਨਾਂ ਨੂੰ ਸਦਾ-ਥਿਰ ਪ੍ਰਭੂ ਦੇ ਦਰ ਤੇ ਇੱਜ਼ਤ ਮਿਲਦੀ ਹੈ ॥੧॥
54174	1260	ਮਨ ਰੇ ਮਨ ਸਿਉ ਰਹਉ ਸਮਾਈ॥		Man Rae Man Sio Reho Samaaee ||	O mind, remain absorbed in the Mind.	ਹੇ (ਮੇਰੇ) ਮਨ! ਮੈਂ (ਤਾਂ ਗੁਰੂ ਦੇ ਸਨਮੁਖ ਹੋ ਕੇ ਹੀ ਪ੍ਰਭੂ-ਚਰਨਾਂ ਵਿਚ) ਟਿਕਿਆ ਰਹਿ ਸਕਦਾ ਹਾਂ।
54175	1260	ਗੁਰਮੁਖਿ ਰਾਮ ਨਾਮਿ ਮਨੁ ਭੀਜੈ ਹਰਿ ਸੇਤੀ ਲਿਵ ਲਾਈ॥੧॥ਰਹਾਉ॥		Guramukh Raam Naam Man Bheejai Har Saethee Liv Laaee ||1|| Rehaao ||	The mind of the Gurmukh is pleased with the Lord's Name, lovingly attuned to the Lord. ||1||Pause||	ਗੁਰੂ ਦੀ ਸ਼ਰਨ ਪਿਆਂ ਹੀ (ਮਨੁੱਖ ਦਾ) ਮਨ ਪਰਮਾਤਮਾ ਦੇ ਨਾਮ ਵਿੱਚ ਭਿੱਜਦਾ ਹੈ, (ਗੁਰੂ ਦੇ ਸਨਮੁਖ ਰਹਿ ਕੇ ਹੀ ਮਨੁੱਖ) ਪ੍ਰਭੂ ਨਾਲ ਸੁਰਤ ਜੋੜੀ ਰੱਖਦਾ ਹੈ ॥੧॥ ਰਹਾਉ ॥
54176	1260	ਮੇਰਾ ਪ੍ਰਭੁ ਅਤਿ ਅਗਮ ਅਗੋਚਰੁ ਗੁਰਮਤਿ ਦੇਇ ਬੁਝਾਈ॥	ਦੇ–ਇ	Maeraa Prabh Ath Agam Agochar Guramath Dhaee Bujhaaee ||	My God is totally Inaccessible and Unfathomable; through the Guru's Teachings, He is understood.	ਪਿਆਰਾ ਪ੍ਰਭੂ (ਤਾਂ) ਬਹੁਤ ਅਪਹੁੰਚ ਹੈ ਉਸ ਤਕ ਗਿਆਨ-ਇੰਦ੍ਰਿਆਂ ਦੀ (ਭੀ) ਪਹੁੰਚ ਨਹੀਂ ਹੋ ਸਕਦੀ, (ਪਰ ਜਿਸ ਮਨੁੱਖ ਨੂੰ ਉਹ ਪ੍ਰਭੂ) ਗੁਰੂ ਦੀ ਮੱਤ ਦੀ ਰਾਹੀਂ (ਆਤਮਕ ਜੀਵਨ ਦੀ) ਸੂਝ ਬਖ਼ਸ਼ਦਾ ਹੈ,

54177	1260	ਸਚੁ ਸੰਜਮੁ ਕਰਣੀ ਹਰਿ ਕੀਰਤਿ ਹਰਿ ਸੇਤੀ ਲਿਵ ਲਾਈ॥੨॥		Sach Sanjam Karanee Har Keerath Har Saethee Liv Laaee ||2||	True self-discipline rests in singing the Kirtan of the Lord's Praises, lovingly attuned to the Lord. ||2||	ਉਹ ਮਨੁੱਖ ਪਰਮਾਤਮਾ ਨਾਲ ਸੁਰਤ ਜੋੜੀ ਰੱਖਦਾ ਹੈ, ਸਦਾ-ਥਿਰ ਹਰਿ-ਨਾਮ ਦਾ ਸਿਮਰਨ ਉਸ ਮਨੁੱਖ ਦਾ ਸੰਜਮ ਬਣਦਾ ਹੈ, ਪ੍ਰਭੂ ਦੀ ਸਿਫ਼ਤ-ਸਾਲਾਹ ਉਸ ਦੀ ਕਾਰ ਹੋ ਜਾਂਦੀ ਹੈ ॥੨॥
54178	1260	ਆਪੇ ਸਬਦੁ ਸਚੁ ਸਾਖੀ ਆਪੇ ਜਿਨ੍ ਜੋਤੀ ਜੋਤਿ ਮਿਲਾਈ॥		Aapae Sabadh Sach Saakhee Aapae Jinh Jothee Joth Milaaee ||	He Himself is the Shabad, and He Himself is the True Teachings; He merges our light into the Light.	ਜਿਨ੍ਹਾਂ ਮਨੁੱਖਾਂ ਦੀ ਸੁਰਤ (ਗੁਰੂ ਦੀ ਰਾਹੀਂ) ਪ੍ਰਭੂ ਦੀ ਜੋਤਿ ਵਿਚ ਜੁੜਦੀ ਹੈ (ਉਹਨਾਂ ਨੂੰ ਇਹ ਨਿਸਚਾ ਬਣ ਜਾਂਦਾ ਹੈ ਕਿ) ਸਦਾ-ਥਿਰ ਪ੍ਰਭੂ ਆਪ ਹੀ (ਗੁਰੂ ਦਾ) ਸ਼ਬਦ ਹੈ ਪ੍ਰਭੂ ਆਪ ਹੀ (ਗੁਰੂ ਦੀ) ਸਿਖਿਆ ਹੈ।
54179	1260	ਦੇਹੀ ਕਾਚੀ ਪਉਣੁ ਵਜਾਏ ਗੁਰਮੁਖਿ ਅੰਮ੍ਰਿਤੁ ਪਾਈ॥੩॥		Dhaehee Kaachee Poun Vajaaeae Guramukh Anmrith Paaee ||3||	The breath vibrates through this frail body; the Gurmukh obtains the ambrosial nectar. ||3||	(ਇਸ) ਨਾਸਵੰਤ ਸਰੀਰ ਵਿਚ (ਜਿਸ ਨੂੰ) ਹਰੇਕ ਸੁਆਸ ਤੋਰ ਰਿਹਾ ਹੈ, ਗੁਰੂ ਦੀ ਰਾਹੀਂ (ਹੀ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੈਂਦਾ ਹੈ ॥੩॥
54180	1260	ਆਪੇ ਸਾਜੇ ਸਭ ਕਾਰੈ ਲਾਏ ਸੋ ਸਚੁ ਰਹਿਆ ਸਮਾਈ॥		Aapae Saajae Sabh Kaarai Laaeae So Sach Rehiaa Samaaee ||	He Himself fashions, and He Himself links us to our tasks; the True Lord is pervading everywhere.	(ਗੁਰੂ ਦੀ ਰਾਹੀਂ ਹੀ ਇਹ ਸਮਝ ਪੈਂਦੀ ਹੈ ਕਿ) ਜਿਹੜਾ ਪ੍ਰਭੂ ਆਪ ਹੀ ਸਾਰੀ ਸ੍ਰਿਸ਼ਟੀ ਨੂੰ ਪੈਦਾ ਕਰਦਾ ਹੈ, ਤੇ, ਕਾਰੇ ਲਾਈ ਰੱਖਦਾ ਹੈ ਉਹ ਸਦਾ-ਥਿਰ ਪ੍ਰਭੂ ਸਭ ਥਾਈਂ ਵਿਆਪਕ ਹੈ।

54181	1260	ਨਾਨਕ ਨਾਮ ਬਿਨਾ ਕੋਈ ਕਿਛੁ ਨਾਹੀ ਨਾਮੇ ਦੇਇ ਵਡਾਈ॥੪॥੮॥		Naanak Naam Binaa Koee Kishh Naahee Naamae Dhaee Vaddaaee ||4||8||	O Nanak, without the Naam, the Name of the Lord, no one is anything. Through the Naam,we are blessed with glory. ||4||8||	ਹੇ ਨਾਨਕ! ਪ੍ਰਭੂ ਦੇ ਨਾਮ ਤੋਂ ਬਿਨਾ ਕੋਈ ਭੀ ਜੀਵ ਕੋਈ ਪਾਇਆਂ ਨਹੀਂ ਰੱਖਦਾ, (ਜੀਵ ਨੂੰ ਪ੍ਰਭੂ ਆਪਣੇ) ਨਾਮ ਦੀ ਰਾਹੀਂ ਹੀ ਇੱਜ਼ਤ ਬਖ਼ਸ਼ਦਾ ਹੈ ॥੪॥੮॥
54182	1260	ਮਲਾਰ ਮਹਲਾ ੩॥		Malaar Mehalaa 3 ||	Malaar, Third Mehl:	
54183	1260	ਹਉਮੈ ਬਿਖੁ ਮਨੁ ਮੋਹਿਆ ਲਦਿਆ ਅਜਗਰ ਭਾਰੀ॥	ਲੱਦਿਆ। ਅਜ-ਗਰ	Houmai Bikh Man Mohiaa Ladhiaa Ajagar Bhaaree ||	The mortal is enticed by the poison of corruption, burdened with such a heavy load.	ਹਉਮੈ (ਆਤਮਕ ਮੌਤ ਲਿਆਉਣ ਵਾਲਾ) ਜ਼ਹਰ ਹੈ, (ਮਨੁੱਖ ਦਾ) ਮਨ (ਇਸ ਜ਼ਹਰ ਦੇ) ਮੋਹ ਵਿਚ ਫਸਿਆ ਰਹਿੰਦਾ ਹੈ, (ਇਸ ਹਉਮੈ ਦੇ) ਬਹੁਤ ਵੱਡੇ ਭਾਰ ਨਾਲ ਲੱਦਿਆ ਰਹਿੰਦਾ ਹੈ।
54184	1260	ਗਰੁੜੁ ਸਬਦੁ ਮੁਖਿ ਪਾਇਆ ਹਉਮੈ ਬਿਖੁ ਹਰਿ ਮਾਰੀ॥੧॥		Garurr Sabadh Mukh Paaeiaa Houmai Bikh Har Maaree ||1||	The Lord has placed the magic spell of the Shabad into his mouth, and destroyed the poison of ego. ||1||	ਗੁਰੂ ਦਾ ਸ਼ਬਦ (ਇਸ ਜ਼ਹਰ ਨੂੰ ਮਾਰਨ ਲਈ) ਗਾਰੁੜੀ ਮੰਤ੍ਰ ਹੈ, (ਜਿਸ ਮਨੁੱਖ ਨੇ ਇਹ ਸ਼ਬਦ ਮੰਤ੍ਰ ਆਪਣੇ) ਮੂੰਹ ਵਿਚ ਰੱਖ ਲਿਆ, ਪਰਮਾਤਮਾ ਨੇ ਉਸ ਦੇ ਅੰਦਰੋਂ ਇਹ ਹਉਮੈ-ਜ਼ਹਰ ਮੁਕਾ ਦਿੱਤੀ ॥੧॥
54185	1260	ਮਨ ਰੇ ਹਉਮੈ ਮੋਹੁ ਦੁਖੁ ਭਾਰੀ॥		Man Rae Houmai Mohu Dhukh Bhaaree ||	O mortal, egotism and attachment are such heavy loads of pain.	ਹੇ (ਮੇਰੇ) ਮਨ! ਹਉਮੈ ਇਕ ਵੱਡਾ ਦੁੱਖ ਹੈ (ਮਾਇਆ ਦਾ) ਮੋਹ ਭਾਰੀ ਦੁੱਖ ਹੈ,

54186	1260	ਇਹੁ ਭਵਜਲੁ ਜਗਤੁ ਨ ਜਾਈ ਤਰਣਾ ਗੁਰਮੁਖਿ ਤਰੁ ਹਰਿ ਤਾਰੀ॥੧॥ਰਹਾਉ॥		Eihu Bhavajal Jagath N Jaaee Tharanaa Guramukh Thar Har Thaaree ||1|| Rehaao ||	This terrifying world-ocean cannot be crossed; through the Lord's Name, the Gurmukh crosses over to the other side. ||1||Pause||	(ਹਉਮੈ ਅਤੇ ਮੋਹ ਦੇ ਕਾਰਨ) ਇਸ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘਿਆ ਜਾ ਸਕਦਾ। ਤੂੰ ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਦੀ ਬੇੜੀ ਵਿਚ (ਇਸ ਸਮੁੰਦਰ ਤੋਂ) ਪਾਰ ਲੰਘ ॥੧॥ ਰਹਾਉ ॥
54187	1260	ਤ੍ਰੈ ਗੁਣ ਮਾਇਆ ਮੋਹੁ ਪਸਾਰਾ ਸਭ ਵਰਤੈ ਆਕਾਰੀ॥		Thrai Gun Maaeiaa Mohu Pasaaraa Sabh Varathai Aakaaree ||	Attachment to the three-phased show of Maya pervades all the created forms.	ਤ੍ਰਿਗੁਣੀ ਮਾਇਆ ਦਾ ਮੋਹ (ਆਪਣਾ) ਖਿਲਾਰਾ (ਖਿਲਾਰ ਕੇ) ਸਾਰੇ ਜੀਵਾਂ ਉਤੇ ਆਪਣਾ ਪ੍ਰਭਾਵ ਪਾ ਰਿਹਾ ਹੈ।
54188	1260	ਤੁਰੀਆ ਗੁਣੁ ਸਤਸੰਗਤਿ ਪਾਈਐ ਨਦਰੀ ਪਾਰਿ ਉਤਾਰੀ॥੨॥		Thureeaa Gun Sathasangath Paaeeai Nadharee Paar Outhaaree ||2||	In the Sat Sangat, the Society of the Saints, the state of supreme awareness is attained. The Merciful Lord carries us across. ||2||	(ਇਹਨਾਂ ਤਿੰਨਾਂ ਗੁਣਾਂ ਤੋਂ ਉਤਾਂਹ ਹੈ) ਤੁਰੀਆ ਗੁਣ (ਇਹ ਗੁਣ) ਸਾਧ ਸੰਗਤ ਵਿਚੋਂ ਹਾਸਲ ਹੁੰਦਾ ਹੈ (ਜਿਹੜਾ ਮਨੁੱਖ ਇਸ ਅਵਸਥਾ ਨੂੰ ਪ੍ਰਾਪਤ ਕਰ ਲੈਂਦਾ ਹੈ, ਪਰਮਾਤਮਾ) ਮਿਹਰ ਦੀ ਨਿਗਾਹ ਕਰ ਕੇ (ਉਸ ਨੂੰ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ॥੨॥
54189	1260	ਚੰਦਨ ਗੰਧ ਸੁਗੰਧ ਹੈ ਬਹੁ ਬਾਸਨਾ ਬਹਕਾਰਿ॥	(ਬਹਕਾਰਿ) ਮਹਿਕਦੀ	Chandhan Gandhh Sugandhh Hai Bahu Baasanaa Behakaar ||	The smell of sandalwood is so sublime; its fragrance spreads out far and wide.	ਜਿਵੇਂ ਚੰਦਨ ਦੀ ਸੁਗੰਧੀ ਹੈ ਜਿਵੇਂ ਚੰਦਨ ਵਿਚੋਂ ਮਿੱਠੀ ਵਾਸਨਾ ਤੇ ਮਹਕ ਨਿਕਲਦੀ ਹੈ,

54190	1261	ਹਰਿ ਜਨ ਕਰਣੀ ਊਤਮ ਹੈ ਹਰਿ ਕੀਰਤਿ ਜਗਿ ਬਿਸਥਾਰਿ॥੩॥		Har Jan Karanee Ootham Hai Har Keerath Jag Bisathhaar ||3||	The lifestyle of the Lord's humble servant is exalted and sublime. He spreads the Kirtan of the Lord's Praises throughout the world. ||3||	ਤਿਵੇਂ ਪਰਮਾਤਮਾ ਦੇ ਭਗਤਾਂ ਦੀ ਕਰਣੀ ਸ੍ਰੇਸ਼ਟ ਹੁੰਦੀ ਹੈ, (ਭਗਤਾਂ ਨੇ) ਪਰਮਾਤਮਾ ਦੀ ਸਿਫ਼ਤ-ਸਾਲਾਹ (ਦੀ ਸੁਗੰਧੀ) ਜਗਤ ਵਿਚ ਖਿਲਾਰੀ ਹੋਈ ਹੈ ॥੩॥
54191	1261	ਕ੍ਰਿਪਾ ਕ੍ਰਿਪਾ ਕਰਿ ਠਾਕੁਰ ਮੇਰੇ ਹਰਿ ਹਰਿ ਹਰਿ ਉਰ ਧਾਰਿ॥		Kirapaa Kirapaa Kar Thaakur Maerae Har Har Har Our Dhhaar ||	O my Lord and Master, please be merciful, merciful to me, that I may enshrine the Lord, Har, Har, Har, within my heart.	ਹੇ ਮੇਰੇ ਮਾਲਕ-ਪ੍ਰਭੂ! ਹੇ ਹਰੀ! (ਮੇਰੇ ਉਤੇ) ਮਿਹਰ ਕਰ, ਮਿਹਰ ਕਰ (ਮੇਰੇ) ਹਿਰਦੇ ਵਿਚ ਆਪਣਾ ਨਾਮ ਵਸਾਈ ਰੱਖ।
54192	1261	ਨਾਨਕ ਸਤਿਗੁਰੁ ਪੂਰਾ ਪਾਇਆ ਮਨਿ ਜਪਿਆ ਨਾਮੁ ਮੁਰਾਰਿ॥੪॥੯॥		Naanak Sathigur Pooraa Paaeiaa Man Japiaa Naam Muraar ||4||9||	Nanak has found the Perfect True Guru; in his mind, he chants the Name of the Lord. ||4||9||	ਹੇ ਨਾਨਕ! ਜਿਸ ਮਨੁੱਖ ਨੇ ਪੂਰਾ ਗੁਰੂ ਲੱਭ ਲਿਆ, ਉਸ ਨੇ (ਸਦਾ) ਆਪਣੇ ਮਨ ਵਿਚ ਪਰਮਾਤਮਾ ਦਾ ਨਾਮ ਜਪਿਆ ॥੪॥੯॥
54193	1261	ਮਲਾਰ ਮਹਲਾ ੩ ਘਰੁ ੨		Malaar Mehalaa 3 Ghar 2	Malaar, Third Mehl, Second House:	ਰਾਗ ਮਲਾਰ, ਘਰ ੨ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।
54194	1261	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

54195	1261	ਇਹੁ ਮਨੁ ਗਿਰਹੀ ਕਿ ਇਹੁ ਮਨੁ ਉਦਾਸੀ॥		Eihu Man Girehee K Eihu Man Oudhaasee ||	Is this mind a householder, or is this mind a detached renunciate?	ਹੇ ਪੰਡਿਤ! (ਵੇਦ ਸ਼ਾਸਤ੍ਰ ਦੀ ਮਰਯਾਦਾ ਆਦਿਕ ਦੀ ਚਰਚਾ ਦੇ ਥਾਂ ਇਹ ਵਿਚਾਰਿਆ ਕਰ ਕਿ ਤੇਰਾ) ਇਹ ਮਨ ਘਰ ਦੇ ਜੰਜਾਲਾਂ ਵਿਚ ਫਸਿਆ ਰਹਿੰਦਾ ਹੈ ਜਾਂ ਨਿਰਲੇਪ ਰਹਿੰਦਾ ਹੈ।
54196	1261	ਕਿ ਇਹੁ ਮਨੁ ਅਵਰਨੁ ਸਦਾ ਅਵਿਨਾਸੀ॥	(ਅ-ਵਰਨੁ) ਅਗਿਆਨ ਸਹਿਤ ਹੈ	K Eihu Man Avaran Sadhaa Avinaasee ||	Is this mind beyond social class, eternal and unchanging?	ਹੇ ਪੰਡਿਤ! (ਇਹ ਸੋਚਿਆ ਕਰ ਕਿ ਤੇਰਾ) ਇਹ ਮਨ (ਬ੍ਰਾਹਮਣ ਖੱਤ੍ਰੀ ਆਦਿਕ) ਵਰਨ-ਵਿਤਕਰੇ ਤੋਂ ਉਤਾਂਹ ਹੈ ਅਤੇ ਸਦਾ ਆਤਮਕ ਮੌਤ ਤੋਂ ਬਚਿਆ ਰਹਿੰਦਾ ਹੈ।
54197	1261	ਕਿ ਇਹੁ ਮਨੁ ਚੰਚਲੁ ਕਿ ਇਹੁ ਮਨੁ ਬੈਰਾਗੀ॥		K Eihu Man Chanchal K Eihu Man Bairaagee ||	Is this mind fickle, or is this mind detached?	ਕੀ (ਤੇਰਾ) ਇਹ ਮਨ ਮਾਇਆ ਦੀ ਦੌੜ-ਭੱਜ ਵਿਚ ਹੀ ਕਾਬੂ ਆਇਆ ਰਹਿੰਦਾ ਹੈ ਜਾਂ ਮਾਇਆ ਤੋਂ ਉਪਰਾਮ ਹੈ।
54198	1261	ਇਸੁ ਮਨ ਕਉ ਮਮਤਾ ਕਿਥਹੁ ਲਾਗੀ॥੧॥		Eis Man Ko Mamathaa Kithhahu Laagee ||1||	How has this mind been gripped by possessiveness? ||1||	ਹੇ ਪੰਡਿਤ! (ਇਹ ਭੀ ਵਿਚਾਰਿਆ ਕਰ ਕਿ) ਇਸ ਮਨ ਨੂੰ ਮਮਤਾ ਕਿਥੋਂ ਆ ਚੰਬੜਦੀ ਹੈ ॥੧॥
54199	1261	ਪੰਡਿਤ ਇਸੁ ਮਨ ਕਾ ਕਰਹੁ ਬੀਚਾਰੁ॥		Panddith Eis Man Kaa Karahu Beechaar ||	O Pandit, O religious scholar, reflect on this in your mind.	ਹੇ ਪੰਡਿਤ! (ਵੇਦ ਸਾਸ਼ਤ੍ਰ ਦੀ ਮਰਯਾਦਾ ਆਦਿਕ ਤੇ ਜ਼ੋਰ ਦੇਣ ਦੇ ਥਾਂ) ਆਪਣੇ ਇਸ ਮਨ ਬਾਰੇ ਵਿਚਾਰ ਕਰਿਆ ਕਰੋ।

54200	1261	ਅਵਰੁ ਕਿ ਬਹੁਤਾ ਪੜਹਿ ਉਠਾਵਹਿ ਭਾਰੁ॥੧॥ਰਹਾਉ॥		Avar K Bahuthaa Parrehi Outhaavehi Bhaar ||1|| Rehaao ||	Why do you read so many other things, and carry such a heavy load? ||1||Pause||	(ਆਪਣੇ ਮਨ ਦੀ ਪੜਤਾਲ ਛੱਡ ਕੇ) ਹੋਰ ਬਹੁਤਾ ਜੋ ਕੁਝ ਤੂੰ ਪੜ੍ਹਦਾ ਹੈਂ, ਉਹ (ਆਪਣੇ ਸਿਰ ਉਤੇ ਹਉਮੈ ਦਾ) ਭਾਰ ਹੀ ਚੁੱਕਦਾ ਹੈਂ ॥੧॥ ਰਹਾਉ ॥
54201	1261	ਮਾਇਆ ਮਮਤਾ ਕਰਤੈ ਲਾਈ॥		Maaeiaa Mamathaa Karathai Laaee ||	The Creator has attached it to Maya and possessiveness.	ਹੇ ਪੰਡਿਤ! (ਵੇਖ) ਕਰਤਾਰ ਨੇ (ਆਪ ਹੀ ਇਸ ਮਨ ਨੂੰ) ਮਾਇਆ ਦੀ ਮਮਤਾ ਚੰਬੋੜੀ ਹੋਈ ਹੈ।
54202	1261	ਏਹੁ ਹੁਕਮੁ ਕਰਿ ਸ੍ਰਿਸਟਿ ਉਪਾਈ॥		Eaehu Hukam Kar Srisatt Oupaaee ||	Enforcing His Order, He created the world.	(ਕਰਤਾਰ ਨੇ ਮਾਇਆ ਦੀ ਮਮਤਾ ਦਾ) ਇਹ ਹੁਕਮ ਦੇ ਕੇ ਹੀ ਜਗਤ ਪੈਦਾ ਕੀਤਾ ਹੋਇਆ ਹੈ।
54203	1261	ਗੁਰ ਪਰਸਾਦੀ ਬੂਝਹੁ ਭਾਈ॥		Gur Parasaadhee Boojhahu Bhaaee ||	By Guru's Grace, understand this, O Siblings of Destiny.	ਹੇ ਭਾਈ! ਗੁਰੂ ਦੀ ਕਿਰਪਾ ਨਾਲ (ਇਸ ਗੱਲ ਨੂੰ) ਸਮਝ,
54204	1261	ਸਦਾ ਰਹਹੁ ਹਰਿ ਕੀ ਸਰਣਾਈ॥੨॥	ਰਹ-ਹੁ	Sadhaa Rehahu Har Kee Saranaaee ||2||	Remain forever in the Sanctuary of the Lord. ||2||	ਅਤੇ ਸਦਾ ਪਰਮਾਤਮਾ ਦੀ ਸਰਨ ਪਿਆ ਰਹੁ (ਤਾ ਕਿ ਮਾਇਆ ਦੀ ਮਮਤਾ ਤੇਰੇ ਉੱਤੇ ਆਪਣਾ ਜ਼ੋਰ ਨ ਪਾ ਸਕੇ) ॥੨॥
54205	1261	ਸੋ ਪੰਡਿਤੁ ਜੋ ਤਿਹਾਂ ਗੁਣਾ ਕੀ ਪੰਡ ਉਤਾਰੈ॥		So Panddith Jo Thihaan Gunaa Kee Pandd Outhaarai ||	He alone is a Pandit, who sheds the load of the three qualities.	ਹੇ ਪੰਡਿਤ! ਉਹ (ਮਨੁੱਖ ਅਸਲ) ਪੰਡਿਤ ਹੈ ਜੋ (ਆਪਣੇ ਉੱਤੋਂ ਮਾਇਆ ਦੇ) ਤਿੰਨਾ ਹੀ ਗੁਣਾਂ ਦਾ ਭਾਰ ਲਾਹ ਦੇਂਦਾ ਹੈ,
54206	1261	ਅਨ ਦਿਨੁ ਏਕੋ ਨਾਮੁ ਵਖਾਣੈ॥		Anadhin Eaeko Naam Vakhaanai ||	Night and day, he chants the Name of the One Lord.	ਅਤੇ ਹਰ ਵੇਲੇ ਸਿਰਫ਼ ਹਰਿ-ਨਾਮ ਹੀ ਜਪਦਾ ਰਹਿੰਦਾ ਹੈ।

54207	1261	ਸਤਿਗੁਰ ਕੀ ਓਹੁ ਦੀਖਿਆ ਲੇਇ॥	ਲੇ-ਇ	Sathigur Kee Ouhu Dheekhiaa Laee ||	He accepts the Teachings of the True Guru.	ਅਜਿਹਾ ਪੰਡਿਤ ਗੁਰੂ ਦੀ ਸਿੱਖਿਆ ਗ੍ਰਹਣ ਕਰਦਾ ਹੈ,
54208	1261	ਸਤਿਗੁਰ ਆਗੈ ਸੀਸੁ ਧਰੇਇ॥		Sathigur Aagai Sees Dhharaee ||	He offers his head to the True Guru.	ਗੁਰੂ ਦੇ ਅੱਗੇ ਆਪਣਾ ਸਿਰ ਰੱਖੀ ਰੱਖਦਾ ਹੈ (ਸਦਾ ਗੁਰੂ ਦੇ ਹੁਕਮ ਵਿਚ ਤੁਰਦਾ ਹੈ)।
54209	1261	ਸਦਾ ਅਲਗੁ ਰਹੈ ਨਿਰਬਾਣੁ॥	ਅਲੱਗੁ	Sadhaa Alag Rehai Nirabaan ||	He remains forever unattached in the state of Nirvaanaa.	ਉਹ ਸਦਾ ਨਿਰਲੇਪ ਰਹਿੰਦਾ ਹੈ, ਮਾਇਆ ਦੇ ਮੋਹ ਤੋਂ ਬਚਿਆ ਰਹਿੰਦਾ ਹੈ।
54210	1261	ਸੋ ਪੰਡਿਤੁ ਦਰਗਹ ਪਰਵਾਣੁ॥੩॥		So Panddith Dharageh Paravaan ||3||	Such a Pandit is accepted in the Court of the Lord. ||3||	ਅਜਿਹਾ ਪੰਡਿਤ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਪ੍ਰਾਪਤ ਕਰਦਾ ਹੈ ॥੩॥
54211	1261	ਸਭਨਾਂ ਮਹਿ ਏਕੋ ਏਕੁ ਵਖਾਣੈ॥		Sabhanaan Mehi Eaeko Eaek Vakhaanai ||	He preaches that the One Lord is within all beings.	ਹੇ ਪੰਡਿਤ! (ਜਿਹੜਾ ਪੰਡਿਤ ਵੇਦ ਸ਼ਾਸਤ੍ਰ ਆਦਿਕ ਦੀ ਚਰਚਾ ਦੇ ਥਾਂ ਆਪਣੇ ਮਨ ਨੂੰ ਪੜਤਾਲਦਾ ਹੈ, ਉਹ) ਇਹ ਉਪਦੇਸ਼ ਹੀ ਕਰਦਾ ਹੈ ਕਿ ਸਭ ਜੀਵਾਂ ਵਿਚ ਇਕੋ ਪਰਮਾਤਮਾ ਵੱਸਦਾ ਹੈ।
54212	1261	ਜਾਂ ਏਕੋ ਵੇਖੈ ਤਾਂ ਏਕੋ ਜਾਣੈ॥		Jaan Eaeko Vaekhai Thaan Eaeko Jaanai ||	As he sees the One Lord, he knows the One Lord.	ਜਦੋਂ ਉਹ ਪੰਡਿਤ (ਸਭ ਜੀਵਾਂ ਵਿਚ) ਇਕ ਪ੍ਰਭੂ ਨੂੰ ਹੀ ਵੇਖਦਾ ਹੈ, ਤਦੋਂ ਉਹ ਉਸ ਇਕ ਪ੍ਰਭੂ ਨਾਲ ਹੀ ਡੂੰਘੀ ਸਾਂਝ ਪਾਂਦਾ ਹੈ।

54213	1261	ਜਾ ਕਉ ਬਖਸੇ ਮੇਲੇ ਸੋਇ॥		Jaa Ko Bakhasae Maelae Soe ||	That person, whom the Lord forgives, is united with Him.	ਪਰ, ਹੇ ਪੰਡਿਤ! ਜਿਸ ਮਨੁੱਖ ਉਤੇ ਕਰਤਾਰ ਬਖ਼ਸ਼ਸ਼ ਕਰਦਾ ਹੈ, ਉਸੇ ਨੂੰ ਉਹ (ਆਪਣੇ ਚਰਨਾਂ ਵਿਚ) ਜੋੜਦਾ ਹੈ,
54214	1261	ਐਥੈ ਓਥੈ ਸਦਾ ਸੁਖੁ ਹੋਇ॥੪॥		Aithhai Outhhai Sadhaa Sukh Hoe ||4||	He finds eternal peace, here and hereafter. ||4||	ਉਸ ਮਨੁੱਖ ਨੂੰ ਇਸ ਲੋਕ ਅਤੇ ਪਰਲੋਕ ਵਿਚ ਆਤਮਕ ਆਨੰਦ ਸਦਾ ਮਿਲਿਆ ਰਹਿੰਦਾ ਹੈ ॥੪॥
54215	1261	ਕਹਤ ਨਾਨਕੁ ਕਵਨ ਬਿਧਿ ਕਰੇ ਕਿਆ ਕੋਇ॥		Kehath Naanak Kavan Bidhh Karae Kiaa Koe ||	Says Nanak, what can anyone do?	ਹੇ ਪੰਡਿਤ! ਨਾਨਕ ਆਖਦਾ ਹੈ ਕਿ (ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਹਾਸਲ ਕਰਨ ਲਈ ਆਪਣੀ ਅਕਲ ਦੇ ਆਸਰੇ) ਕੋਈ ਭੀ ਮਨੁੱਖ ਕੋਈ ਜੁਗਤੀ ਨਹੀਂ ਵਰਤ ਸਕਦਾ।
54216	1261	ਸੋਈ ਮੁਕਤਿ ਜਾ ਕਉ ਕਿਰਪਾ ਹੋਇ॥		Soee Mukath Jaa Ko Kirapaa Hoe ||	He alone is liberated, whom the Lord blesses with His Grace.	ਜਿਸ ਮਨੁੱਖ ਉੱਤੇ ਪ੍ਰਭੂ ਮਿਹਰ ਕਰਦਾ ਹੈ ਉਹੀ ਬੰਧਨਾਂ ਤੋਂ ਖ਼ਲਾਸੀ ਪਾਂਦਾ ਹੈ।
54217	1261	ਅਨ ਦਿਨੁ ਹਰਿ ਗੁਣ ਗਾਵੈ ਸੋਇ॥		Anadhin Har Gun Gaavai Soe ||	Night and day, he sings the Glorious Praises of the Lord.	ਉਹ ਮਨੁੱਖ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ,
54218	1261	ਸਾਸਤ੍ਰ ਬੇਦ ਕੀ ਫਿਰਿ ਕੂਕ ਨ ਹੋਇ॥੫॥੧॥੧੦॥		Saasathr Baedh Kee Fir Kook N Hoe ||5||1||10||	Then, he no longer bothers with the proclamations of the Shaastras or the Vedas. ||5||1||10||	ਉਹ ਫਿਰ (ਆਪਣੇ ਉੱਚੇ ਵਰਨ ਆਦਿਕ ਦੀ ਪਕਿਆਈ ਦੀ ਖ਼ਾਤਰ) ਵੇਦ ਸ਼ਾਸਤ੍ਰ ਆਦਿਕ ਦੀ ਮਰਯਾਦਾ ਦਾ ਹੋਕਾ ਨਹੀਂ ਦੇਂਦਾ ਫਿਰਦਾ ॥੫॥੧॥੧੦॥

54219	1261	ਮਲਾਰ ਮਹਲਾ ੩॥		Malaar Mehalaa 3 ||	Malaar, Third Mehl:	
54220	1261	ਭ੍ਰਮਿ ਭ੍ਰਮਿ ਜੋਨਿ ਮਨਮੁਖ ਭਰਮਾਈ॥		Bhram Bhram Jon Manamukh Bharamaaee ||	The self-willed manmukhs wander lost in reincarnation, confused and deluded by doubt.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਸਦਾ ਭਟਕਦਾ ਹੀ ਰਹਿੰਦਾ ਹੈ,
54221	1261	ਜਮਕਾਲੁ ਮਾਰੇ ਨਿਤ ਪਤਿ ਗਵਾਈ॥		Jamakaal Maarae Nith Path Gavaaee ||	The Messenger of Death constantly beats them and disgraces them.	ਉਸ ਨੂੰ (ਆਤਮਕ) ਮੌਤ ਮਾਰ ਲੈਂਦੀ ਹੈ, ਉਹ ਸਦਾ ਆਪਣੀ ਇੱਜ਼ਤ ਗਵਾਂਦਾ ਰਹਿੰਦਾ ਹੈ।
54222	1261	ਸਤਿਗੁਰ ਸੇਵਾ ਜਮ ਕੀ ਕਾਣਿ ਚੁਕਾਈ॥		Sathigur Saevaa Jam Kee Kaan Chukaaee ||	Serving the True Guru, the mortal's subservience to Death is ended.	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਜਮਾਂ ਦੀ ਮੁਥਾਜੀ ਮੁਕਾ ਲੈਂਦਾ ਹੈ (ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ),
54223	1261	ਹਰਿ ਪ੍ਰਭੁ ਮਿਲਿਆ ਮਹਲੁ ਘਰੁ ਪਾਈ॥੧॥		Har Prabh Miliaa Mehal Ghar Paaee ||1||	He meets the Lord God, and enters the Mansion of His Presence. ||1||	ਉਸ ਨੂੰ ਹਰੀ-ਪ੍ਰਭੂ ਮਿਲ ਪੈਂਦਾ ਹੈ, ਉਹ ਮਨੁੱਖ ਪਰਮਾਤਮਾ ਦਾ ਮਹਲ ਪਰਮਾਤਮਾ ਦਾ ਘਰ ਲੱਭ ਲੈਂਦਾ ਹੈ ॥੧॥
54224	1261	ਪ੍ਰਾਣੀ ਗੁਰਮੁਖਿ ਨਾਮੁ ਧਿਆਇ॥		Praanee Guramukh Naam Dhhiaae ||	O mortal, as Gurmukh, meditate on the Naam, the Name of the Lord.	ਹੇ ਪ੍ਰਾਣੀ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰਿਆ ਕਰ।

54225	1261	ਜਨਮੁ ਪਦਾਰਥੁ ਦੁਬਿਧਾ ਖੋਇਆ ਕਉਡੀ ਬਦਲੈ ਜਾਇ॥੧॥ਰਹਾਉ॥		Janam Padhaarathh Dhubidhhaa Khoeiaa Kouddee Badhalai Jaae ||1|| Rehaao ||	In duality, you are ruining and wasting this priceless human life. You trade it away in exchange for a shell. ||1||Pause||	(ਜਿਸ ਮਨੁੱਖ ਨੇ ਆਪਣਾ) ਕੀਮਤੀ (ਮਨੁੱਖਾ) ਜਨਮ ਮਾਇਆ ਵਾਲੀ ਭਟਕਣਾ ਵਿਚ ਗਵਾ ਲਿਆ, ਉਸ ਦਾ ਇਹ ਜਨਮ ਕੌਡੀਆਂ ਦੇ ਭਾ ਹੀ ਚਲਾ ਜਾਂਦਾ ਹੈ ॥੧॥ ਰਹਾਉ ॥
54226	1261	ਕਰਿ ਕਿਰਪਾ ਗੁਰਮੁਖਿ ਲਗੈ ਪਿਆਰੁ॥		Kar Kirapaa Guramukh Lagai Piaar ||	The Gurmukh falls in love with the Lord, by His Grace.	ਪ੍ਰਭੂ ਦੀ ਮਿਹਰ ਨਾਲ ਗੁਰੂ ਦੀ ਰਾਹੀਂ (ਜਿਸ ਮਨੁੱਖ ਦੇ ਹਿਰਦੇ ਵਿਚ) ਪ੍ਰਭੂ ਨਾਲ ਪਿਆਰ ਬਣ ਜਾਂਦਾ ਹੈ,
54227	1261	ਅੰਤਰਿ ਭਗਤਿ ਹਰਿ ਹਰਿ ਉਰਿ ਧਾਰੁ॥		Anthar Bhagath Har Har Our Dhhaar ||	He enshrines loving devotion to the Lord, Har, Har, deep within his heart.	ਉਸ ਦੇ ਅੰਦਰ ਪ੍ਰਭੂ ਦੀ ਭਗਤੀ ਪੈਦਾ ਹੁੰਦੀ ਹੈ, ਉਹ ਮਨੁੱਖ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਧਾਰਨ ਕਰ ਲੈਂਦਾ ਹੈ।
54228	1261	ਭਵਜਲੁ ਸਬਦਿ ਲੰਘਾਵਣਹਾਰੁ॥		Bhavajal Sabadh Langhaavanehaar ||	The Word of the Shabad carries him across the terrifying world-ocean.	ਪ੍ਰਭੂ ਉਸ ਨੂੰ ਗੁਰੂ ਦੇ ਸ਼ਬਦ ਦੀ ਰਾਹੀਂ ਸੰਸਾਰ-ਸਮੁੰਦਰ ਤੋਂ ਪਾਰ ਲੰਘਾਂਦਾ ਹੈ।
54229	1261	ਦਰਿ ਸਾਚੈ ਦਿਸੈ ਸਚਿਆਰੁ॥੨॥		Dhar Saachai Dhisai Sachiaar ||2||	He appears true in the True Court of the Lord. ||2||	ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਦਰ ਤੇ ਸੁਰਖ਼ਰੂ ਦਿੱਸਦਾ ਹੈ ॥੨॥
54230	1261	ਬਹੁ ਕਰਮ ਕਰੇ ਸਤਿਗੁਰੁ ਨਹੀ ਪਾਇਆ॥		Bahu Karam Karae Sathigur Nehee Paaeiaa ||	Performing all sorts of rituals, they do not find the True Guru.	(ਜਿਹੜਾ ਮਨੁੱਖ ਤੀਰਥ-ਜਾਤ੍ਰਾ ਆਦਿਕ ਮਿਥੇ ਹੋਏ ਧਾਰਮਿਕ) ਕਰਮ ਕਰਦਾ ਫਿਰਦਾ ਹੈ ਪਰ ਗੁਰੂ ਦੀ ਸਰਨ ਨਹੀਂ ਪੈਂਦਾ,

54231	1261	ਬਿਨੁ ਗੁਰ ਭਰਮਿ ਭੂਲੇ ਬਹੁ ਮਾਇਆ॥		Bin Gur Bharam Bhoolae Bahu Maaeiaa ||	Without the Guru, so many wander lost and confused in Maya.	ਉਹ ਮਨੁੱਖ ਗੁਰੂ ਤੋਂ ਬਿਨਾ ਮਾਇਆ ਦੀ ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ।
54232	1261	ਹਉਮੈ ਮਮਤਾ ਬਹੁ ਮੋਹੁ ਵਧਾਇਆ॥		Houmai Mamathaa Bahu Mohu Vadhhaaeiaa ||	Egotism, possessiveness and attachment rise up and increase within them.	ਉਹ ਮਨੁੱਖ ਆਪਣੇ ਅੰਦਰ ਹਉਮੈ ਮਮਤਾ ਅਤੇ ਮੋਹ ਨੂੰ ਵਧਾਈ ਜਾਂਦਾ ਹੈ।
54233	1261	ਦੂਜੈ ਭਾਇ ਮਨਮੁਖਿ ਦੁਖੁ ਪਾਇਆ॥੩॥		Dhoojai Bhaae Manamukh Dhukh Paaeiaa ||3||	In the love of dualty, the self-willed manmukhs suffer in pain. ||3||	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮਾਇਆ ਦੇ ਪਿਆਰ ਵਿਚ (ਫਸ ਕੇ ਸਦਾ) ਦੁੱਖ ਹੀ ਸਹਾਰਦਾ ਹੈ ॥੩॥
54234	1261	ਆਪੇ ਕਰਤਾ ਅਗਮ ਅਥਾਹਾ॥		Aapae Karathaa Agam Athhaahaa ||	The Creator Himself is Inaccessible and Infinite.	ਪਰ, ਅਪਹੁੰਚ ਅਤੇ ਅਥਾਹ ਕਰਤਾਰ ਆਪ ਹੀ (ਇਹ ਸਾਰੀ ਖੇਡ ਰਿਹਾ ਹੈ)।
54235	1261	ਗੁਰ ਸਬਦੀ ਜਪੀਐ ਸਚੁ ਲਾਹਾ॥		Gur Sabadhee Japeeai Sach Laahaa ||	Chant the Word of the Guru's Shabad, and earn the true profit.	ਗੁਰੂ ਦੇ ਸ਼ਬਦ ਦੀ ਰਾਹੀਂ (ਉਸ ਦਾ ਨਾਮ) ਜਪਣਾ ਚਾਹੀਦਾ ਹੈ- ਇਹੀ ਹੈ ਸਦਾ ਕਾਇਮ ਰਹਿਣ ਵਾਲਾ ਲਾਭ।
54236	1261	ਹਾਜਰੁ ਹਜੂਰਿ ਹਰਿ ਵੇਪਰਵਾਹਾ॥		Haajar Hajoor Har Vaeparavaahaa ||	The Lord is Independent, Ever-present, here and now.	ਉਹ ਕਰਤਾਰ ਹਰ ਥਾਂ ਹਾਜ਼ਰ-ਨਾਜ਼ਰ ਹੈ ਅਤੇ ਉਸ ਨੂੰ ਕਿਸੇ ਦੀ ਮੁਥਾਜੀ ਨਹੀਂ ਹੈ।

54237	1262	ਨਾਨਕ ਗੁਰਮੁਖਿ ਨਾਮਿ ਸਮਾਹਾ॥੪॥੨॥੧੧॥		Naanak Guramukh Naam Samaahaa ||4||2||11||	O Nanak, the Gurmukh merges in the Naam. ||4||2||11||	ਹੇ ਨਾਨਕ! ਗੁਰੂ ਦੀ ਰਾਹੀਂ ਹੀ ਉਸ ਦੇ ਨਾਮ ਵਿਚ ਲੀਨਤਾ ਹੋ ਸਕਦੀ ਹੈ ॥੪॥੨॥੧੧॥
54238	1262	ਮਲਾਰ ਮਹਲਾ ੩॥		Malaar Mehalaa 3 ||	Malaar, Third Mehl:	
54239	1262	ਜੀਵਤ ਮੁਕਤ ਗੁਰਮਤੀ ਲਾਗੇ॥		Jeevath Mukath Guramathee Laagae ||	Those who are attached to the Guru's Teachings are Jivan-mukta liberated while yet alive.	ਜਿਹੜੇ ਮਨੁੱਖ ਗੁਰੂ ਦੀ ਮੱਤ ਅਨੁਸਾਰ ਤੁਰਦੇ ਹਨ, ਉਹ ਦੁਨੀਆ ਦੀ ਕਿਰਤ-ਕਾਰ ਕਰਦੇ ਹੋਏ ਹੀ ਵਿਕਾਰਾਂ ਤੋਂ ਬਚੇ ਰਹਿੰਦੇ ਹਨ।
54240	1262	ਹਰਿ ਕੀ ਭਗਤਿ ਅਨ ਦਿਨੁ ਸਦ ਜਾਗੇ॥		Har Kee Bhagath Anadhin Sadh Jaagae ||	They remain forever awake and aware night and day, in devotional worship of the Lord.	ਉਹ ਹਰ ਵੇਲੇ ਪਰਮਾਤਮਾ ਦੀ ਭਗਤੀ ਕਰ ਕੇ ਮਾਇਆ ਦੇ ਹੱਲਿਆਂ ਵੱਲੋਂ ਸਦਾ ਸੁਚੇਤ ਰਹਿੰਦੇ ਹਨ।
54241	1262	ਸਤਿਗੁਰੁ ਸੇਵਹਿ ਆਪੁ ਗਵਾਇ॥		Sathigur Saevehi Aap Gavaae ||	They serve the True Guru, and eradicate their self-conceit.	ਜਿਹੜੇ ਮਨੁੱਖ ਆਪਾ-ਭਾਵ ਦੂਰ ਕਰ ਕੇ ਗੁਰੂ ਦੀ ਸਰਨ ਪੈਂਦੇ ਹਨ,
54242	1262	ਹਉ ਤਿਨ ਜਨ ਕੇ ਸਦ ਲਾਗਉ ਪਾਇ॥੧॥	ਲਾ–ਗਉ	Ho Thin Jan Kae Sadh Laago Paae ||1||	I fall at the feet of such humble beings. ||1||	ਮੈਂ ਉਹਨਾਂ ਮਨੁੱਖਾਂ ਦੀ ਸਦਾ ਪੈਰੀਂ ਲੱਗਦਾ ਹਾਂ ॥੧॥

54243	1262	ਹਉ ਜੀਵਾਂ ਸਦਾ ਹਰਿ ਕੇ ਗੁਣ ਗਾਈ॥		Ho Jeevaan Sadhaa Har Kae Gun Gaaee ||	Constantly singing the Glorious Praises of the Lord, I live.	ਮੈਂ ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹਾਂ ਅਤੇ ਆਤਮਕ ਜੀਵਨ ਪ੍ਰਾਪਤ ਕਰਦਾ ਰਹਿੰਦਾ ਹਾਂ।
54244	1262	ਗੁਰ ਕਾ ਸਬਦੁ ਮਹਾ ਰਸੁ ਮੀਠਾ ਹਰਿ ਕੈ ਨਾਮਿ ਮੁਕਤਿ ਗਤਿ ਪਾਈ॥੧॥ਰਹਾਉ॥		Gur Kaa Sabadh Mehaa Ras Meethaa Har Kai Naam Mukath Gath Paaee ||1|| Rehaao ||	The Word of the Guru's Shabad is such totally sweet elixir. Through the Name of the Lord, I have attained the state of liberation. ||1||Pause||	ਗੁਰੂ ਦਾ ਸ਼ਬਦ ਬਹੁਤ ਸੁਆਦਲਾ ਹੈ ਮਿੱਠਾ ਹੈ (ਇਸ ਸ਼ਬਦ ਦੀ ਬਰਕਤਿ ਨਾਲ) ਮੈਂ ਪਰਮਾਤਮਾ ਦੇ ਨਾਮ ਵਿਚ ਜੁੜ ਕੇ ਵਿਕਾਰਾਂ ਤੋਂ ਖ਼ਲਾਸੀ ਹਾਸਲ ਕਰਦਾ ਹਾਂ, ਉੱਚੀ ਆਤਮਕ ਅਵਸਥਾ ਪ੍ਰਾਪਤ ਕਰਦਾ ਹਾਂ ॥੧॥ ਰਹਾਉ ॥
54245	1262	ਮਾਇਆ ਮੋਹੁ ਅਗਿਆਨੁ ਗੁਬਾਰੁ॥		Maaeiaa Mohu Agiaan Gubaar ||	Attachment to Maya leads to the darkness of ignorance.	ਮਾਇਆ ਦਾ ਮੋਹ (ਜੀਵਨ-ਸਫ਼ਰ ਵਿਚ) ਆਤਮਕ ਜੀਵਨ ਵਲੋਂ ਬੇ-ਸਮਝੀ ਹੈ, ਘੁੱਪ ਹਨੇਰਾ ਹੈ।
54246	1262	ਮਨਮੁਖ ਮੋਹੇ ਮੁਗਧ ਗਵਾਰ॥		Manamukh Mohae Mugadhh Gavaar ||	The self-willed manukhs are attached, foolish and ignorant.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮੂਰਖ ਮਨੁੱਖ ਇਸ ਮੋਹ ਵਿਚ ਫਸੇ ਰਹਿੰਦੇ ਹਨ।
54247	1262	ਅਨ ਦਿਨੁ ਧੰਧਾ ਕਰਤ ਵਿਹਾਇ॥		Anadhin Dhhandhhaa Karath Vihaae ||	Night and day, their lives pass away in worldly entanglements.	ਹਰ ਵੇਲੇ ਦੁਨੀਆ ਵਾਲੇ ਧੰਧੇ ਕਰਦਿਆਂ ਹੀ ਉਹਨਾਂ ਦੀ ਉਮਰ ਗੁਜ਼ਰਦੀ ਹੈ,

54248	1262	ਮਰਿ ਮਰਿ ਜੰਮਹਿ ਮਿਲੈ ਸਜਾਇ॥੨॥		Mar Mar Janmehi Milai Sajaae ||2||	They die and die again and again, only to be reborn and receive their punishment. ||2||	ਉਹ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ-ਇਹ ਸਜ਼ਾ ਉਹਨਾਂ ਨੂੰ ਮਿਲਦੀ ਹੈ ॥੨॥
54249	1262	ਗੁਰਮੁਖਿ ਰਾਮ ਨਾਮਿ ਲਿਵ ਲਾਈ॥		Guramukh Raam Naam Liv Laaee ||	The Gurmukh is lovingly attuned to the Name of the Lord.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪਰਮਾਤਮਾ ਦੇ ਨਾਮ ਵਿਚ ਸੁਰਤ ਜੋੜੀ ਰੱਖਦਾ ਹੈ,
54250	1262	ਕੂੜੈ ਲਾਲਚਿ ਨਾ ਲਪਟਾਈ॥		Koorrai Laalach Naa Lapattaaee ||	He does not cling to false greed.	ਉਹ ਨਾਸਵੰਤ ਮਾਇਆ ਦੇ ਲਾਲਚ ਵਿਚ ਨਹੀਂ ਫਸਦਾ।
54251	1262	ਜੋ ਕਿਛੁ ਹੋਵੈ ਸਹਜਿ ਸੁਭਾਇ॥		Jo Kishh Hovai Sehaj Subhaae ||	Whatever he does, he does with intuitive poise.	(ਰਜ਼ਾ ਅਨੁਸਾਰ) ਜੋ ਕੁਝ ਵਾਪਰਦਾ ਹੈ ਉਸ ਨੂੰ ਆਤਮਕ ਅਡੋਲਤਾ ਵਿਚ ਪਿਆਰ ਵਿਚ (ਟਿਕਿਆ ਰਹਿ ਕੇ ਸਹਾਰਦਾ ਹੈ)।
54252	1262	ਹਰਿ ਰਸੁ ਪੀਵੈ ਰਸਨ ਰਸਾਇ॥੩॥		Har Ras Peevai Rasan Rasaae ||3||	He drinks in the sublime essence of the Lord; his tongue delights in its flavor. ||3||	ਉਹ ਮਨੁੱਖ ਪਰਮਾਤਮਾ ਦਾ ਨਾਮ-ਰਸ ਜੀਭ ਨਾਲ ਸੁਆਦ ਲੈ ਲੈ ਕੇ ਪੀਂਦਾ ਰਹਿੰਦਾ ਹੈ ॥੩॥
54253	1262	ਕੋਟਿ ਮਧੇ ਕਿਸਹਿ ਬੁਝਾਈ॥		Kott Madhhae Kisehi Bujhaaee ||	Among millions, hardly any understand.	ਪਰ, ਕ੍ਰੋੜਾਂ ਵਿਚੋਂ ਕਿਸੇ ਵਿਰਲੇ ਮਨੁੱਖ ਨੂੰ (ਪਰਮਾਤਮਾ) ਇਹ ਸੁਝ ਦੇਂਦਾ ਹੈ,
54254	1262	ਆਪੇ ਬਖਸੇ ਦੇ ਵਡਿਆਈ॥		Aapae Bakhasae Dhae Vaddiaaee ||	The Lord Himself forgives, and bestows His glorious greatness.	ਉਸ ਨੂੰ ਪ੍ਰਭੂ ਆਪ ਹੀ (ਇਹ ਦਾਤਿ) ਬਖ਼ਸ਼ਦਾ ਹੈ ਅਤੇ ਇੱਜ਼ਤ ਦੇਂਦਾ ਹੈ।

54255	1262	ਜੋ ਧੁਰਿ ਮਿਲਿਆ ਸੁ ਵਿਛੁੜਿ ਨ ਜਾਈ॥		Jo Dhhur Miliaa S Vishhurr N Jaaee ||	Whoever meets with the Primal Lord God, shall never be separated again.	ਜਿਹੜਾ ਮਨੁੱਖ ਧੁਰ ਦਰਗਾਹ ਤੋਂ (ਪ੍ਰਭੂ-ਚਰਨਾਂ ਵਿਚ) ਜੁੜਿਆ ਹੋਇਆ ਹੈ, ਉਹ ਉਸ ਤੋਂ ਕਦੇ ਵਿੱਛੁੜਦਾ ਨਹੀਂ।
54256	1262	ਨਾਨਕ ਹਰਿ ਹਰਿ ਨਾਮਿ ਸਮਾਈ॥੪॥੩॥੧੨॥		Naanak Har Har Naam Samaaee ||4||3||12||	Nanak is absorbed in the Name of the Lord, Har, Har. ||4||3||12||	ਹੇ ਨਾਨਕ! ਉਹ ਸਦਾ ਹੀ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ ॥੪॥੩॥੧੨॥
54257	1262	ਮਲਾਰ ਮਹਲਾ ੩॥		Malaar Mehalaa 3 ||	Malaar, Third Mehl:	
54258	1262	ਰਸਨਾ ਨਾਮੁ ਸਭੁ ਕੋਈ ਕਹੈ॥		Rasanaa Naam Sabh Koee Kehai ||	Everyone speaks the Name of the Lord with the tongue.	(ਉਂਞ ਤਾਂ) ਹਰ ਕੋਈ ਜੀਭ ਨਾਲ ਹਰਿ-ਨਾਮ ਉਚਾਰਦਾ ਹੈ,
54259	1262	ਸਤਿਗੁਰੁ ਸੇਵੇ ਤਾ ਨਾਮੁ ਲਹੈ॥		Sathigur Saevae Thaa Naam Lehai ||	But only by serving the True Guru does the mortal receive the Name.	ਪਰ ਮਨੁੱਖ ਤਦੋਂ ਹੀ ਹਰਿ-ਨਾਮ (-ਧਨ) ਪ੍ਰਾਪਤ ਕਰਦਾ ਹੈ ਜਦੋਂ ਗੁਰੂ ਦੀ ਸਰਨ ਪੈਂਦਾ ਹੈ।
54260	1262	ਬੰਧਨ ਤੋੜੇ ਮੁਕਤਿ ਘਰਿ ਰਹੈ॥		Bandhhan Thorrae Mukath Ghar Rehai ||	His bonds are shattered, and he stays in the house of liberation.	(ਗੁਰੂ ਦੀ ਸਰਨ ਪੈ ਕੇ ਹੀ ਮਨੁੱਖ ਮਾਇਆ ਦੇ ਮੋਹ ਦੇ) ਬੰਧਨ ਤੋੜਦਾ ਹੈ ਅਤੇ ਉਸ ਅਵਸਥਾ ਵਿਚ ਟਿਕਦਾ ਹੈ ਜਿੱਥੇ ਵਿਕਾਰਾਂ ਤੋਂ ਖ਼ਲਾਸੀ ਹੋਈ ਰਹਿੰਦੀ ਹੈ।

54261	1262	ਗੁਰ ਸਬਦੀ ਅਸਥਿਰੁ ਘਰਿ ਬਹੈ॥੧॥		Gur Sabadhee Asathhir Ghar Behai ||1||	Through the Word of the Guru's Shabad, he sits in the eternal, unchanging house. ||1||	ਗੁਰੂ ਦੇ ਸ਼ਬਦ ਦੀ ਰਾਹੀਂ ਹੀ ਮਨੁੱਖ ਅਡੋਲ-ਚਿੱਤ ਹੋ ਕੇ ਹਿਰਦੇ-ਘਰ ਵਿਚ ਟਿਕਿਆ ਰਹਿੰਦਾ ਹੈ ॥੧॥
54262	1262	ਮੇਰੇ ਮਨ ਕਾਹੇ ਰੋਸੁ ਕਰੀਜੈ॥		Maerae Man Kaahae Ros Kareejai ||	O my mind, why are you angry?	ਹੇ ਮੇਰੇ ਮਨ! (ਪਰਮਾਤਮਾ ਦੇ ਨਾਮ ਵਲੋਂ) ਰੋਸਾ ਨਹੀਂ ਕਰਨਾ ਚਾਹੀਦਾ।
54263	1262	ਲਾਹਾ ਕਲਜੁਗਿ ਰਾਮ ਨਾਮੁ ਹੈ ਗੁਰਮਤਿ ਅਨ ਦਿਨੁ ਹਿਰਦੈ ਰਵੀਜੈ॥੧॥ਰਹਾਉ॥		Laahaa Kalajug Raam Naam Hai Guramath Anadhin Hiradhai Raveejai ||1|| Rehaao ||	In this Dark Age of Kali Yuga, the Lord's Name is the source of profit. Contemplate and appreciate the Guru's Teachings within your heart, night and day. ||1||Pause||	ਜਗਤ ਵਿਚ ਪਰਮਾਤਮਾ ਦਾ ਨਾਮ (ਹੀ ਅਸਲ) ਖੱਟੀ ਹੈ। ਗੁਰੂ ਦੀ ਮੱਤ ਲੈ ਕੇ ਹਰ ਵੇਲੇ ਹਿਰਦੇ ਵਿਚ ਹਰਿ-ਨਾਮ ਸਿਮਰਨਾ ਚਾਹੀਦਾ ਹੈ ॥੧॥ ਰਹਾਉ ॥
54264	1262	ਬਾਬੀਹਾ ਖਿਨੁ ਖਿਨੁ ਬਿਲਲਾਇ॥		Baabeehaa Khin Khin Bilalaae ||	Each and every instant, the rainbird cries and calls.	(ਜਿਵੇਂ ਵਰਖਾ ਦੀ ਬੂੰਦ ਵਾਸਤੇ) ਪਪੀਹਾ ਹਰ ਖਿਨ ਤਰਲੇ ਲੈਂਦਾ ਹੈ,
54265	1262	ਬਿਨੁ ਪਿਰ ਦੇਖੇ ਨੀਂਦ ਨ ਪਾਇ॥		Bin Pir Dhaekhae Nanaeedh N Paae ||	Without seeing her Beloved, she does not sleep at all.	(ਤਿਵੇਂ ਜੀਵ-ਇਸਤ੍ਰੀ) ਪ੍ਰਭੂ-ਪਤੀ ਦਾ ਦਰਸ਼ਨ ਕਰਨ ਤੋਂ ਬਿਨਾ ਆਤਮਕ ਸ਼ਾਂਤੀ ਹਾਸਲ ਨਹੀਂ ਕਰ ਸਕਦੀ।
54266	1262	ਇਹੁ ਵੇਛੋੜਾ ਸਹਿਆ ਨ ਜਾਇ॥		Eihu Vaeshhorraa Sehiaa N Jaae ||	She cannot endure this separation.	(ਉਸ ਪਾਸੋਂ) ਇਹ ਵਿਛੋੜਾ ਸਹਾਰਿਆ ਨਹੀਂ ਜਾਂਦਾ।

54267	1262	ਸਤਿਗੁਰੁ ਮਿਲੈ ਤਾਂ ਮਿਲੈ ਸੁਭਾਇ॥੨॥		Sathigur Milai Thaan Milai Subhaae ||2||	When she meets the True Guru, then she intuitively meets her Beloved. ||2||	ਜਦੋਂ ਕੋਈ ਜੀਵ ਗੁਰੂ ਨੂੰ ਮਿਲ ਪੈਂਦਾ ਹੈ ਤਦੋਂ ਉਹ ਪ੍ਰੇਮ ਵਿਚ (ਲੀਨ ਹੋ ਕੇ) ਪ੍ਰਭੂ ਨੂੰ ਮਿਲ ਪੈਂਦਾ ਹੈ ॥੨॥
54268	1262	ਨਾਮ ਹੀਣੁ ਬਿਨਸੈ ਦੁਖੁ ਪਾਇ॥		Naameheen Binasai Dhukh Paae ||	Lacking the Naam, the Name of the Lord, the mortal suffers and dies.	ਨਾਮ ਤੋਂ ਵਾਂਜਿਆ ਹੋਇਆ ਮਨੁੱਖ ਆਤਮਕ ਮੌਤ ਸਹੇੜ ਲੈਂਦਾ ਹੈ ਦੁੱਖ ਸਹਿੰਦਾ ਰਹਿੰਦਾ ਹੈ,
54269	1262	ਤ੍ਰਿਸਨਾ ਜਲਿਆ ਭੂਖ ਨ ਜਾਇ॥		Thrisanaa Jaliaa Bhookh N Jaae ||	He is burnt in the fire of desire, and his hunger does not depart.	(ਮਾਇਆ ਦੀ) ਤ੍ਰਿਸ਼ਨਾ-ਅੱਗ ਵਿਚ ਸੜਦਾ ਹੈ, ਉਸ ਦੀ (ਮਾਇਆ ਦੀ ਇਹ) ਭੁੱਖ ਦੂਰ ਨਹੀਂ ਹੁੰਦੀ।
54270	1262	ਵਿਣੁ ਭਾਗਾ ਨਾਮੁ ਨ ਪਾਇਆ ਜਾਇ॥		Vin Bhaagaa Naam N Paaeiaa Jaae ||	Without good destiny, he cannot find the Naam.	ਉੱਚੀ ਕਿਸਮਤ ਤੋਂ ਬਿਨਾ ਪਰਮਾਤਮਾ ਦਾ ਨਾਮ ਮਿਲਦਾ ਭੀ ਨਹੀਂ।
54271	1262	ਬਹੁ ਬਿਧਿ ਥਾਕਾ ਕਰਮ ਕਮਾਇ॥੩॥	ਥੱਾਕਾ	Bahu Bidhh Thhaakaa Karam Kamaae ||3||	He performs all sorts of rituals until he is exhausted. ||3||	(ਤੀਰਥ-ਜਾਤ੍ਰਾ ਆਦਿਕ ਮਿੱਥੇ ਹੋਏ ਧਾਰਮਿਕ) ਕਰਮ ਕਈ ਤਰੀਕਿਆਂ ਨਾਲ ਕਮਾ ਕਮਾ ਕੇ ਥੱਕ ਜਾਂਦਾ ਹੈ ॥੩॥
54272	1262	ਤ੍ਰੈ ਗੁਣ ਬਾਣੀ ਬੇਦ ਬੀਚਾਰੁ॥		Thrai Gun Baanee Baedh Beechaar ||	The mortal thinks about the Vedic teachings of the three gunas, the three dispositions.	(ਜਿਹੜੇ ਪੰਡਿਤ ਆਦਿਕ ਲੋਕ ਮਾਇਆ ਦੇ) ਤਿੰਨਾਂ ਗੁਣਾਂ ਵਿਚ ਰੱਖਣ ਵਾਲੀ ਹੀ ਵੇਦ ਆਦਿਕ ਧਰਮ-ਪੁਸਤਕਾਂ ਦੀ ਵਿਚਾਰ ਕਰਦੇ ਰਹਿੰਦੇ ਹਨ,

54273	1262	ਬਿਖਿਆ ਮੈਲੁ ਬਿਖਿਆ ਵਾਪਾਰੁ॥		Bikhiaa Mail Bikhiaa Vaapaar ||	He deals in corruption, filth and vice.	(ਉਹਨਾਂ ਦੇ ਮਨ ਨੂੰ) ਮਾਇਆ (ਦੇ ਮੋਹ) ਦੀ ਮੈਲ (ਸਦਾ ਚੰਬੜੀ ਰਹਿੰਦੀ ਹੈ)। (ਉਹਨਾਂ ਨੇ ਇਸ ਵਿਚਾਰ ਨੂੰ) ਮਾਇਆ ਕਮਾਣ ਦਾ ਹੀ ਵਪਾਰ ਬਣਾਇਆ ਹੁੰਦਾ ਹੈ।
54274	1262	ਮਰਿ ਜਨਮਹਿ ਫਿਰਿ ਹੋਹਿ ਖੁਆਰੁ॥		Mar Janamehi Fir Hohi Khuaar ||	He dies, only to be reborn; he is ruined over and over again.	(ਅਜਿਹੇ ਮਨੁੱਖ) ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ, ਅਤੇ ਖ਼ੁਆਰ ਹੁੰਦੇ ਰਹਿੰਦੇ ਹਨ।
54275	1262	ਗੁਰਮੁਖਿ ਤੁਰੀਆ ਗੁਣੁ ਉਰਿ ਧਾਰੁ॥੪॥		Guramukh Thureeaa Gun Our Dhhaar ||4||	The Gurmukh enshrines the glory of the supreme state of celestial peace. ||4||	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦੇ ਹਿਰਦੇ ਵਿਚ ਹਰਿ-ਨਾਮ ਦਾ ਸਹਾਰਾ ਹੁੰਦਾ ਹੈ, ਉਹ ਉਸ ਗੁਣ ਉਸ ਅਵਸਥਾ ਨੂੰ ਹਾਸਲ ਕਰ ਲੈਂਦਾ ਹੈ ਜਿਹੜੀ ਮਾਇਆ ਦੇ ਤਿੰਨ ਗੁਣਾਂ ਤੋਂ ਉਤਾਂਹ ਹੈ ॥੪॥
54276	1262	ਗੁਰੁ ਮਾਨੈ ਮਾਨੈ ਸਭੁ ਕੋਇ॥		Gur Maanai Maanai Sabh Koe ||	One who has faith in the Guru - everyone has faith in him.	ਜਿਸ ਮਨੁੱਖ ਨੂੰ ਗੁਰੂ ਇੱਜ਼ਤ ਬਖ਼ਸ਼ਦਾ ਹੈ, ਉਸ ਦਾ ਆਦਰ ਹਰ ਕੋਈ ਕਰਦਾ ਹੈ।
54277	1262	ਗੁਰ ਬਚਨੀ ਮਨੁ ਸੀਤਲੁ ਹੋਇ॥		Gur Bachanee Man Seethal Hoe ||	Through the Guru's Word, the mind is cooled and soothed.	ਗੁਰੂ ਦੇ ਬਚਨਾਂ ਦੀ ਬਰਕਤਿ ਨਾਲ ਉਸ ਦਾ ਮਨ ਸ਼ਾਂਤ ਰਹਿੰਦਾ ਹੈ,
54278	1262	ਚਹੁ ਜੁਗਿ ਸੋਭਾ ਨਿਰਮਲ ਜਨੁ ਸੋਇ॥		Chahu Jug Sobhaa Niramal Jan Soe ||	Throughout the four ages, that humble being is known to be pure.	ਉਸ ਨੂੰ ਚਹੁੰਆਂ ਜੁਗਾਂ ਵਿਚ ਟਿਕੀ ਰਹਿਣ ਵਾਲੀ ਬੇ-ਦਾਗ਼ ਸੋਭਾ ਪ੍ਰਾਪਤ ਹੁੰਦੀ ਹੈ, ਉਹੀ ਹੈ ਅਸਲ ਭਗਤ।

54279	1262	ਨਾਨਕ ਗੁਰਮੁਖਿ ਵਿਰਲਾ ਕੋਇ॥੫॥੪॥੧੩॥੯॥੧੩॥੨੨॥		Naanak Guramukh Viralaa Koe ||5||4||13||9||13||22||	O Nanak, that Gurmukh is so rare. ||5||4||13||9||13||22||	ਪਰ, ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲਾ ਅਜਿਹਾ ਕੋਈ ਵਿਰਲਾ ਮਨੁੱਖ ਹੁੰਦਾ ਹੈ ॥੫॥੪॥੧੩॥੯॥੧੩॥੨੨॥
54280	1262	ਰਾਗੁ ਮਲਾਰ ਮਹਲਾ ੪ ਘਰੁ ੧ ਚਉਪਦੇ		Raag Malaar Mehalaa 4 Ghar 1 Choupadhae	Raag Malaar, Fourth Mehl, First House, Chau-Padas:	ਰਾਗ ਮਲਾਰ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
54281	1262	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
54282	1262	ਅਨ ਦਿਨੁ ਹਰਿ ਹਰਿ ਧਿਆਇਓ ਹਿਰਦੈ ਮਤਿ ਗੁਰਮਤਿ ਦੂਖ ਵਿਸਾਰੀ॥		Anadhin Har Har Dhhiaaeiou Hiradhai Math Guramath Dhookh Visaaree ||	Night and day, I meditate on the Lord, Har, Har, within my heart; through the Guru's Teachings, my pain is forgotten.	ਜਿਹੜਾ ਗੁਰੂ ਦੀ ਮੱਤ ਅਨੁਸਾਰ (ਆਪਣੀ) ਮੱਤ ਨੂੰ ਬਣਾ ਕੇ ਹਰ ਵੇਲੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਸਿਮਰਦਾ ਹੈ, ਉਹ ਆਪਣੇ ਸਾਰੇ ਦੁੱਖ ਦੂਰ ਕਰ ਲੈਂਦਾ ਹੈ।
54283	1262	ਸਭ ਆਸਾ ਮਨਸਾ ਬੰਧਨ ਤੂਟੇ ਹਰਿ ਹਰਿ ਪ੍ਰਭ ਕਿਰਪਾ ਧਾਰੀ॥੧॥		Sabh Aasaa Manasaa Bandhhan Thoottae Har Har Prabh Kirapaa Dhhaaree ||1||	The chains of all my hopes and desires have been snapped; my Lord God has showered me with His Mercy. ||1||	ਜਿਸ ਮਨੁੱਖ ਉੱਤੇ ਹਰੀ-ਪ੍ਰਭੂ ਨੇ ਮਿਹਰ ਕੀਤੀ, ਉਸ ਦੀਆਂ ਸਾਰੀਆਂ ਆਸਾਂ ਅਤੇ ਮਨ ਦੇ ਫੁਰਨਿਆਂ ਦੇ ਬੰਧਨ ਟੁੱਟ ਗਏ ॥੧॥

54284	1262	ਨੈਨੀ ਹਰਿ ਹਰਿ ਲਾਗੀ ਤਾਰੀ॥		Nainee Har Har Laagee Thaaree ||	My eyes gaze eternally on the Lord, Har, Har.	ਮੇਰੀਆਂ ਅੱਖਾਂ ਦੀ ਤਾਰ ਪ੍ਰਭੂ-ਚਰਨਾਂ ਵਿਚ ਲੱਗੀ ਰਹਿੰਦੀ ਹੈ।
54285	1262	ਸਤਿਗੁਰੁ ਦੇਖਿ ਮੇਰਾ ਮਨੁ ਬਿਗਸਿਓ ਜਨੁ ਹਰਿ ਭੇਟਿਓ ਬਨਵਾਰੀ॥੧॥ਰਹਾਉ ॥		Sathigur Dhaekh Maeraa Man Bigasiou Jan Har Bhaettiou Banavaaree ||1|| Rehaao ||	Gazing on the True Guru, my mind blossoms forth. I have met with the Lord, the Lord of the World. ||1||Pause||	ਗੁਰੂ ਨੂੰ ਵੇਖ ਕੇ ਮੇਰਾ ਮਨ ਖਿੜ ਪਿਆ ਹੈ, ਦਾਸ (ਨਾਨਕ ਗੁਰੂ ਦੀ ਕਿਰਪਾ ਨਾਲ ਹੀ) ਬਨਵਾਰੀ-ਪ੍ਰਭੂ ਨੂੰ ਮਿਲਿਆ ਹੈ ॥੧॥ ਰਹਾਉ ॥
54286	1263	ਜਿਨਿ ਐਸਾ ਨਾਮੁ ਵਿਸਾਰਿਆ ਮੇਰਾ ਹਰਿ ਹਰਿ ਤਿਸ ਕੈ ਕੁਲਿ ਲਾਗੀ ਗਾਰੀ॥	ਕੁਲਿ: ਪੋਲਾ ਬੋਲੋ	Jin Aisaa Naam Visaariaa Maeraa Har Har This Kai Kul Laagee Gaaree ||	One who forgets such a Name of the Lord, Har, Har - his family is dishonored.	ਜਿਸ ਮਨੁੱਖ ਨੇ ਇਹੋ ਜਿਹਾ ਹਰਿ-ਨਾਮ ਵਿਸਾਰ ਦਿੱਤਾ, ਜਿਸ ਨੇ ਹਰਿ-ਪ੍ਰਭੂ ਦੀ ਯਾਦ ਭੁਲਾ ਦਿੱਤੀ, ਉਸ ਦੀ (ਸਾਰੀ) ਕੁਲ ਹੀ ਗਾਲੀ ਲੱਗਦੀ ਹੈ (ਉਸ ਦੀ ਸਾਰੀ ਕੁਲ ਹੀ ਕਲੰਕਿਤ ਹੋ ਜਾਂਦੀ ਹੈ)।
54287	1263	ਹਰਿ ਤਿਸ ਕੈ ਕੁਲਿ ਪਰਸੂਤਿ ਨ ਕਰੀਅਹੁ ਤਿਸੁ ਬਿਧਵਾ ਕਰਿ ਮਹਤਾਰੀ॥੨॥	(ਪਰਸੂਤਿ) ਜੰਮਾਉਣਾ	Har This Kai Kul Parasooth N Kareeahu This Bidhhavaa Kar Mehathaaree ||2||	His family is sterile and barren, and his mother is made a widow. ||2||	ਹੇ ਹਰੀ! ਉਸ (ਨਾਮ-ਹੀਣ ਬੰਦੇ) ਦੀ ਕੁਲ ਵਿਚ (ਕਿਸੇ ਨੂੰ) ਜਨਮ ਹੀ ਨਾਹ ਦੇਵੀਂ, ਉਸ (ਨਾਮ-ਹੀਣ ਮਨੁੱਖ) ਦੀ ਮਾਂ ਨੂੰ ਹੀ ਵਿਧਵਾ ਕਰ ਦੇਵੇਂ (ਤਾਂ ਚੰਗਾ ਹੈ ਤਾਕਿ ਨਾਮ-ਹੀਣ ਘਰ ਵਿਚ ਕਿਸੇ ਦਾ ਜਨਮ ਹੀ ਨਾਹ ਹੋਵੇ) ॥੨॥

54288	1263	ਹਰਿ ਹਰਿ ਆਨਿ ਮਿਲਾਵਹੁ ਗੁਰ ਸਾਧੂ ਜਿਸੁ ਅਹਿ ਨਿਸਿ ਹਰਿ ਉਰਿ ਧਾਰੀ॥		Har Har Aan Milaavahu Gur Saadhhoo Jis Ahinis Har Our Dhhaaree ||	O Lord, let me meet the Holy Guru, who night and day keep the Lord enshrined in his heart.	ਹੇ ਹਰੀ! (ਮਿਹਰ ਕਰ, ਮੈਨੂੰ ਉਹ) ਸਾਧੂ ਗੁਰੂ ਲਿਆ ਕੇ ਮਿਲਾ ਦੇ, ਜਿਸ ਦੇ ਹਿਰਦੇ ਵਿਚ, ਹੇ ਹਰੀ! ਦਿਨ ਰਾਤ ਤੇਰਾ ਨਾਮ ਵੱਸਿਆ ਰਹਿੰਦਾ ਹੈ।
54289	1263	ਗੁਰਿ ਡੀਠੈ ਗੁਰ ਕਾ ਸਿਖੁ ਬਿਗਸੈ ਜਿਉ ਬਾਰਿਕੁ ਦੇਖਿ ਮਹਤਾਰੀ॥੩॥		Gur Ddeethai Gur Kaa Sikh Bigasai Jio Baarik Dhaekh Mehathaaree ||3||	Seeing the Guru, the GurSikh blossoms forth, like the child seeing his mother. ||3||	ਜੇ ਗੁਰੂ ਦਾ ਦਰਸ਼ਨ ਹੋ ਜਾਏ, ਤਾਂ ਗੁਰੂ ਦਾ ਸਿੱਖ ਇਉਂ ਖ਼ੁਸ਼ ਹੁੰਦਾ ਹੈ ਜਿਵੇਂ ਬੱਚਾ (ਆਪਣੀ) ਮਾਂ ਨੂੰ ਵੇਖ ਕੇ ॥੩॥
54290	1263	ਧਨ ਪਿਰ ਕਾ ਇਕ ਹੀ ਸੰਗਿ ਵਾਸਾ ਵਿਚਿ ਹਉਮੈ ਭੀਤਿ ਕਰਾਰੀ॥		Dhhan Pir Kaa Eik Hee Sang Vaasaa Vich Houmai Bheeth Karaaree ||	The soul-bride and the Husband Lord live together as one, but the hard wall of egotism has come between them.	ਜੀਵ-ਇਸਤ੍ਰੀ ਅਤੇ ਪ੍ਰਭੂ-ਪਤੀ ਦਾ ਇਕੋ ਹੀ (ਹਿਰਦੇ-) ਥਾਂ ਵਿਚ ਵਸੇਬਾ ਹੈ, ਪਰ (ਦੋਹਾਂ ਦੇ) ਵਿਚ (ਜੀਵ-ਇਸਤ੍ਰੀ ਦੀ) ਹਉਮੈ ਦੀ ਕਰੜੀ ਕੰਧ (ਬਣੀ ਪਈ) ਹੈ।
54291	1263	ਗੁਰਿ ਪੂਰੈ ਹਉਮੈ ਭੀਤਿ ਤੋਰੀ ਜਨ ਨਾਨਕ ਮਿਲੇ ਬਨਵਾਰੀ॥੪॥੧॥		Gur Poorai Houmai Bheeth Thoree Jan Naanak Milae Banavaaree ||4||1||	The Perfect Guru demolishes the wall of egotism; servant Nanak has met the Lord, the Lord of the World. ||4||1||	ਹੇ ਨਾਨਕ! ਪੂਰੇ ਗੁਰੂ ਨੇ ਜਿਨ੍ਹਾਂ ਸੇਵਕਾਂ (ਦੇ ਅੰਦਰੋਂ ਇਹ) ਹਉਮੈ ਦੀ ਕੰਧ ਤੋੜ ਦਿੱਤੀ, ਉਹ ਪਰਮਾਤਮਾ ਨੂੰ ਮਿਲ ਪਏ ॥੪॥੧॥

54292	1263	ਮਲਾਰੁ ਮਹਲਾ ੪॥		Malaar Mehalaa 4 ||	Malaar, Fourth Mehl:	
54293	1263	ਗੰਗਾ ਜਮੁਨਾ ਗੋਦਾਵਰੀ ਸਰਸੁਤੀ ਤੇ ਕਰਹਿ ਉਦਮੁ ਧੂਰਿ ਸਾਧੂ ਕੀ ਤਾਈ॥	ਸ-ਰੱਸੁਤੀ। ਤਾਈਂ	Gangaa Jamunaa Godhaavaree Sarasuthee Thae Karehi Oudham Dhhoor Saadhhoo Kee Thaaee ||	The Ganges, the Jamunaa, the Godaavari and the Saraswati - these rivers strive for the dust of the feet of the Holy.	ਗੰਗਾ, ਜਮਨਾ, ਗੋਦਾਵਰੀ, ਸਰਸ੍ਵਤੀ (ਆਦਿਕ ਪਵਿੱਤਰ ਨਦੀਆਂ) ਇਹ ਸਾਰੀਆਂ ਸੰਤ ਜਨਾਂ ਦੇ ਚਰਨਾਂ ਦੀ ਧੂੜ ਹਾਸਲ ਕਰਨ ਲਈ ਜਤਨ ਕਰਦੀਆਂ ਰਹਿੰਦੀਆਂ ਹਨ।
54294	1263	ਕਿਲਵਿਖ ਮੈਲੁ ਭਰੇ ਪਰੇ ਹਮਰੈ ਵਿਚਿ ਹਮਰੀ ਮੈਲੁ ਸਾਧੂ ਕੀ ਧੂਰਿ ਗਵਾਈ॥੧॥		Kilavikh Mail Bharae Parae Hamarai Vich Hamaree Mail Saadhhoo Kee Dhhoor Gavaaee ||1||	Overflowing with their filthy sins, the mortals take cleansing baths in them; the rivers' pollution is washed away by the dust of the feet of the Holy. ||1||	(ਇਹ ਨਦੀਆਂ ਆਖਦੀਆਂ ਹਨ ਕਿ) (ਅਨੇਕਾਂ) ਵਿਕਾਰਾਂ ਦੀ ਮੈਲ ਨਾਲ ਲਿਬੜੇ ਹੋਏ (ਜੀਵ) (ਸਾਡੇ ਵਿਚ (ਆ ਕੇ) ਚੁੱਭੀਆਂ ਲਾਂਦੇ ਹਨ (ਉਹ ਆਪਣੀ ਮੈਲ ਸਾਨੂੰ ਦੇ ਜਾਂਦੇ ਹਨ) ਸਾਡੀ ਉਹ ਮੈਲ ਸੰਤ-ਜਨਾਂ ਦੇ ਚਰਨਾਂ ਦੀ ਧੂੜ ਦੂਰ ਕਰਦੀ ਹੈ ॥੧॥
54295	1263	ਤੀਰਥਿ ਅਠਸਠਿ ਮਜਨੁ ਨਾਈ॥	ਨਾਈਨਾਮੁ, ਵਡਿਆਈ। ਮੱਜਨੁ	Theerathh Athasath Majan Naaee ||	Instead of bathing at the sixty-eight sacred shrines of pilgrimage, take your cleansing bath in the Name.	(ਪਰਮਾਤਮਾ ਦੀ) ਸਿਫ਼ਤ-ਸਾਲਾਹ ਦੇ ਤੀਰਥ ਵਿਚ (ਕੀਤਾ ਹੋਇਆ ਆਤਮਕ) ਇਸ਼ਨਾਨ (ਹੀ) ਅਠਾਹਠ ਤੀਰਥਾਂ ਦਾ ਇਸ਼ਨਾਨ ਹੈ।

54296	1263	ਸਤਸੰਗਤਿ ਕੀ ਧੂਰਿ ਪਰੀ ਉਡਿ ਨੇਤ੍ਰੀ ਸਭ ਦੁਰਮਤਿ ਮੈਲੁ ਗਵਾਈ॥੧॥ਰਹਾਉ॥		Sathasangath Kee Dhhoor Paree Oudd Naethree Sabh Dhuramath Mail Gavaaee ||1|| Rehaao ||	When the dust of the feet of the Sat Sangat rises up into the eyes, all filthy evil-mindedness is removed. ||1||Pause||	ਜਿਸ ਮਨੁੱਖ ਦੀਆਂ ਅੱਖਾਂ ਵਿਚ ਸਾਧ ਸੰਗਤ ਦੇ ਚਰਨਾਂ ਦੀ ਧੂੜ ਉੱਡ ਕੇ ਪੈਂਦੀ ਹੈ (ਉਹ ਧੂੜ ਉਸ ਦੇ ਅੰਦਰੋਂ) ਵਿਕਾਰਾਂ ਦੀ ਸਾਰੀ ਮੈਲ ਦੂਰ ਕਰ ਦੇਂਦੀ ਹੈ ॥੧॥ ਰਹਾਉ ॥
54297	1263	ਜਾਹਰਨਵੀ ਤਪੈ ਭਾਗੀਰਥਿ ਆਣੀ ਕੇਦਾਰੁ ਥਾਪਿਓ ਮਹਸਾਈ॥	ਭਗੀਰਥੀ, ਗੰਗਾ, ਜਾਹਰਨਵੀ, ਗੋਡਿਆਂ ਤਕ ਭਗਵਾਨ ਦੇ ਚਰਨ ਧੋ ਕੇ ਜਾਹਰਨਵੀ ਰਿਖੀ ਦੇ ਰਾਹੀਂ ਪ੍ਰਵਿਰਤ ਹੋਈ। (ਮਹਸਾਈ) ਸ਼ਿਵ ਜੀ ਨੇ। ਜਾਹਰਨ-ਵੀ	Jaaharanavee Thapai Bhaageerathh Aanee Kaedhaar Thhaapiou Mehasaaee ||	Bhaageerat'h the penitent brought the Ganges down, and Shiva established Kaydaar.	ਗੰਗਾ ਨੂੰ ਭਾਗੀਰਥ ਤਪੇ ਨੇ (ਸੁਰਗਾਂ ਵਿਚੋਂ) ਲਿਆਂਦਾ, ਸ਼ਿਵ ਜੀ ਨੇ ਕੇਦਾਰ ਤੀਰਥ ਅਸਥਾਪਨ ਕੀਤਾ,
54298	1263	ਕਾਂਸੀ ਕ੍ਰਿਸਨੁ ਚਰਾਵਤ ਗਾਊ ਮਿਲਿ ਹਰਿ ਜਨ ਸੋਭਾ ਪਾਈ॥੨॥		Kaansee Kirasan Charaavath Gaaoo Mil Har Jan Sobhaa Paaee ||2||	Krishna grazed cows in Kaashi; through the humble servant of the Lord, these places became famous. ||2||	ਕਾਂਸ਼ੀ (ਸ਼ਿਵ ਦੀ ਨਗਰੀ), (ਬਿੰਦ੍ਰਾਬਨ ਜਿੱਥੇ) ਕ੍ਰਿਸ਼ਨ ਗਾਈਆਂ ਚਾਰਦਾ ਰਿਹਾ- ਇਹਨਾਂ ਸਭਨਾਂ ਨੇ ਹਰੀ ਦੇ ਭਗਤਾਂ ਨੂੰ ਮਿਲ ਕੇ ਹੀ ਵਡਿਆਈ ਹਾਸਲ ਕੀਤੀ ਹੋਈ ਹੈ ॥੨॥

54299	1263	ਜਿਤਨੇ ਤੀਰਥ ਦੇਵੀ ਥਾਪੇ ਸਭਿ ਤਿਤਨੇ ਲੋਚਹਿ ਧੂਰਿ ਸਾਧੂ ਕੀ ਤਾਈ॥	ਦੇਵੀਂ ਦੇਵਤਿਆਂ। ਤਾਈਂ	Jithanae Theerathh Dhaevee Thhaapae Sabh Thithanae Lochehi Dhhoor Saadhhoo Kee Thaaee ||	And all the sacred shrines of pilgrimage established by the gods, long for the dust of the feet of the Holy.	ਦੇਵਤਿਆਂ ਨੇ ਜਿਤਨੇ ਭੀ ਤੀਰਥ ਅਸਥਾਪਨ ਕੀਤੇ ਹੋਏ ਹਨ, ਉਹ ਸਾਰੇ (ਤੀਰਥ) ਸੰਤ ਜਨਾਂ ਦੇ ਚਰਨਾਂ ਦੀ ਧੂੜ ਦੀ ਤਾਂਘ ਕਰਦੇ ਰਹਿੰਦੇ ਹਨ।
54300	1263	ਹਰਿ ਕਾ ਸੰਤੁ ਮਿਲੈ ਗੁਰ ਸਾਧੂ ਲੈ ਤਿਸ ਕੀ ਧੂਰਿ ਮੁਖਿ ਲਾਈ॥੩॥		Har Kaa Santh Milai Gur Saadhhoo Lai This Kee Dhhoor Mukh Laaee ||3||	Meeting with the Lord's Saint, the Holy Guru, I apply the dust of His feet to my face. ||3||	ਜਦੋਂ ਉਹਨਾਂ ਨੂੰ ਪਰਮਾਤਮਾ ਦਾ ਸੰਤ ਗੁਰੂ ਸਾਧੂ ਮਿਲਦਾ ਹੈ, ਉਹ ਉਸ ਦੇ ਚਰਨਾਂ ਦੀ ਧੂੜ ਮੱਥੇ ਉੱਤੇ ਲਾਂਦੇ ਹਨ ॥੩॥
54301	1263	ਜਿਤਨੀ ਸ੍ਰਿਸਟਿ ਤੁਮਰੀ ਮੇਰੇ ਸੁਆਮੀ ਸਭ ਤਿਤਨੀ ਲੋਚੈ ਧੂਰਿ ਸਾਧੂ ਕੀ ਤਾਈ॥	ਤਾਈਂ	Jithanee Srisatt Thumaree Maerae Suaamee Sabh Thithanee Lochai Dhhoor Saadhhoo Kee Thaaee ||	And all the creatures of Your Universe, O my Lord and Master, long for the dust of the feet of the Holy.	ਹੇ ਮੇਰੇ ਮਾਲਕ-ਪ੍ਰਭੂ! ਤੇਰੀ ਪੈਦਾ ਕੀਤੀ ਹੋਈ ਜਿਤਨੀ ਭੀ ਸ੍ਰਿਸ਼ਟੀ ਹੈ, ਉਹ ਸਾਰੀ ਗੁਰੂ ਦੇ ਚਰਨਾਂ ਦੀ ਧੂੜ ਪ੍ਰਾਪਤ ਕਰਨ ਲਈ ਤਾਂਘ ਕਰਦੀ ਹੈ।

54302	1263	ਨਾਨਕ ਲਿਲਾਟਿ ਹੋਵੈ ਜਿਸੁ ਲਿਖਿਆ ਤਿਸੁ ਸਾਧੂ ਧੂਰਿ ਦੇ ਹਰਿ ਪਾਰਿ ਲੰਘਾਈ॥੪॥੨॥		Naanak Lilaatt Hovai Jis Likhiaa This Saadhhoo Dhhoor Dhae Har Paar Langhaaee ||4||2||	O Nanak, one who has such destiny inscribed on his forehead, is blessed with the dust of the feet of the Holy; the Lord carries him across. ||4||2||	ਹੇ ਨਾਨਕ! (ਆਖ-ਹੇ ਭਾਈ!) ਜਿਸ ਮਨੁੱਖ ਦੇ ਮੱਥੇ ਉੱਤੇ ਲੇਖ ਲਿਖਿਆ ਹੋਵੇ, ਪਰਮਾਤਮਾ ਉਸ ਨੂੰ ਗੁਰੂ-ਸਾਧੂ ਦੇ ਚਰਨਾਂ ਦੀ ਧੂੜ ਦੇ ਕੇ ਉਸ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ ॥੪॥੨॥
54303	1263	ਮਲਾਰ ਮਹਲਾ ੪॥		Malaar Mehalaa 4 ||	Malaar, Fourth Mehl:	
54304	1263	ਤਿਸੁ ਜਨ ਕਉ ਹਰਿ ਮੀਠ ਲਗਾਨਾ ਜਿਸੁ ਹਰਿ ਹਰਿ ਕ੍ਰਿਪਾ ਕਰੈ॥		This Jan Ko Har Meeth Lagaanaa Jis Har Har Kirapaa Karai ||	The Lord seems sweet to that humble being who is blessed by the Grace of the Lord.	ਜਿਸ ਮਨੁੱਖ ਉੱਤੇ ਪਰਮਾਤਮਾ ਮਿਹਰ ਕਰਦਾ ਹੈ, ਉਸ ਮਨੁੱਖ ਨੂੰ ਪਰਮਾਤਮਾ (ਦਾ ਨਾਮ) ਪਿਆਰਾ ਲੱਗਦਾ ਹੈ।
54305	1263	ਤਿਸ ਕੀ ਭੂਖ ਦੂਖ ਸਭਿ ਉਤਰੈ ਜੋ ਹਰਿ ਗੁਣ ਹਰਿ ਉਚਰੈ॥੧॥		This Kee Bhookh Dhookh Sabh Outharai Jo Har Gun Har Oucharai ||1||	His hunger and pain are totally taken away; he chants the Glorious Praises of the Lord, Har, Har. ||1||	ਜਿਹੜਾ ਮਨੁੱਖ ਪ੍ਰਭੂ ਦੇ ਗੁਣ ਉਚਾਰਦਾ ਰਹਿੰਦਾ ਹੈ, ਉਸ ਦੀ (ਮਾਇਆ ਦੀ) ਭੁੱਖ ਦੂਰ ਹੋ ਜਾਂਦੀ ਹੈ, ਉਸ ਦੇ ਸਾਰੇ ਦੁੱਖ (ਦੂਰ ਹੋ ਜਾਂਦੇ ਹਨ) ॥੧॥
54306	1263	ਜਪਿ ਮਨ ਹਰਿ ਹਰਿ ਹਰਿ ਨਿਸਤਰੈ॥		Jap Man Har Har Har Nisatharai ||	Meditating on the Lord, Har, Har, Har, the mortal is emancipated.	ਹੇ (ਮੇਰੇ) ਮਨ! ਸਦਾ ਹਰੀ ਦਾ ਨਾਮ ਜਪਿਆ ਕਰ, (ਜਿਹੜਾ ਮਨੁੱਖ ਜਪਦਾ ਹੈ, ਉਹ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ।

54307	1263	ਗੁਰ ਕੇ ਬਚਨ ਕਰਨ ਸੁਨਿ ਧਿਆਵੈ ਭਵ ਸਾਗਰੁ ਪਾਰਿ ਪਰੈ॥੧॥ਰਹਾਉ॥		Gur Kae Bachan Karan Sun Dhhiaavai Bhav Saagar Paar Parai ||1|| Rehaao ||	One who listens to the Guru's Teachings and meditates on them, is carried across the terrifying world-ocean. ||1||Pause||	(ਜਿਹੜਾ ਮਨੁੱਖ) ਗੁਰੂ ਦੇ ਬਚਨ ਕੰਨਾਂ ਨਾਲ ਸੁਣ ਕੇ (ਪਰਮਾਤਮਾ ਦਾ ਨਾਮ) ਸਿਮਰਦਾ ਹੈ, ਉਹ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੧॥ ਰਹਾਉ ॥
54308	1263	ਤਿਸੁ ਜਨ ਕੇ ਹਮ ਹਾਟਿ ਬਿਹਾਝੇ ਜਿਸੁ ਹਰਿ ਹਰਿ ਕ੍ਰਿਪਾ ਕਰੈ॥		This Jan Kae Ham Haatt Bihaajhae Jis Har Har Kirapaa Karai ||	I am the slave of that humble being, who is blessed by the Grace of the Lord, Har, Har.	ਜਿਸ ਸੇਵਕ ਉੱਤੇ ਪਰਮਾਤਮਾ ਮਿਹਰ ਕਰਦਾ ਹੈ, ਮੈਂ ਉਸ ਦਾ ਮੁੱਲ ਖ਼ਰੀਦਿਆ ਗ਼ੁਲਾਮ ਹਾਂ।
54309	1263	ਹਰਿ ਜਨ ਕਉ ਮਿਲਿਆਂ ਸੁਖੁ ਪਾਈਐ ਸਭ ਦੁਰਮਤਿ ਮੈਲੁ ਹਰੈ॥੨॥		Har Jan Ko Miliaaan Sukh Paaeeai Sabh Dhuramath Mail Harai ||2||	Meeting with the Lord's humble servant, peace is obtained; all the pollution and filth of evil-mindedness is washed away. ||2||	ਪਰਮਾਤਮਾ ਦੇ ਸੇਵਕ ਨੂੰ ਮਿਲਿਆਂ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ (ਉਹ ਆਤਮਕ ਆਨੰਦ ਮਨੁੱਖ ਦੇ ਅੰਦਰੋਂ) ਖੋਟੀ ਮੱਤ ਦੀ ਸਾਰੀ ਮੈਲ ਦੂਰ ਕਰ ਦੇਂਦਾ ਹੈ ॥੨॥
54310	1263	ਹਰਿ ਜਨ ਕਉ ਹਰਿ ਭੂਖ ਲਗਾਨੀ ਜਨੁ ਤ੍ਰਿਪਤੈ ਜਾ ਹਰਿ ਗੁਨ ਬਿਚਰੈ॥	ਬਿਚਰੈ:ਪੋਲਾ ਬੋਲੋ। (ਬਿਚਰੈ) ਵੀਚਾਰਦੇ ਹਨ	Har Jan Ko Har Bhookh Lagaanee Jan Thripathai Jaa Har Gun Bicharai ||	The humble servant of the Lord feels hunger only for the Lord. He is satisfied only when he chants the Lord's Glories.	ਪਰਮਾਤਮਾ ਦੇ ਸੇਵਕ ਨੂੰ ਪਰਮਾਤਮਾ (ਦੇ ਨਾਮ) ਦੀ ਭੁੱਖ ਲੱਗੀ ਰਹਿੰਦੀ ਹੈ, ਜਦੋਂ ਉਹ ਪਰਮਾਤਮਾ ਦੇ ਗੁਣ ਮਨ ਵਿਚ ਵਸਾਂਦਾ ਹੈ, ਉਹ ਤ੍ਰਿਪਤ ਹੋ ਜਾਂਦਾ ਹੈ।

54311	1263	ਹਰਿ ਕਾ ਜਨੁ ਹਰਿ ਜਲ ਕਾ ਮੀਨਾ ਹਰਿ ਬਿਸਰਤ ਫੂਟਿ ਮਰੈ॥੩॥		Har Kaa Jan Har Jal Kaa Meenaa Har Bisarath Foott Marai ||3||	The humble servant of the Lord is a fish in the Water of the Lord. Forgetting the Lord, he would dry up and die. ||3||	ਪਰਮਾਤਮਾ ਦਾ ਭਗਤ ਇਉਂ ਹੈ ਜਿਵੇਂ ਪਾਣੀ ਦੀ ਮੱਛੀ ਹੈ (ਪਾਣੀ ਤੋਂ ਵਿਛੁੜ ਕੇ ਮੱਛੀ ਤੜਫ ਕੇ ਮਰ ਜਾਂਦੀ ਹੈ, ਤਿਵੇਂ ਪਰਮਾਤਮਾ ਦਾ ਭਗਤ) ਹਰਿ-ਨਾਮ ਵਿਸਰਿਆਂ ਬਹੁਤ ਦੁਖੀ ਹੁੰਦਾ ਹੈ ॥੩॥
54312	1263	ਜਿਨਿ ਏਹ ਪ੍ਰੀਤਿ ਲਾਈ ਸੋ ਜਾਨੈ ਕੈ ਜਾਨੈ ਜਿਸੁ ਮਨਿ ਧਰੈ॥		Jin Eaeh Preeth Laaee So Jaanai Kai Jaanai Jis Man Dhharai ||	He alone knows this love, who enshrines it within his mind.	ਜਿਸ (ਪਰਮਾਤਮਾ) ਨੇ (ਆਪਣੇ ਸੇਵਕ ਦੇ ਹਿਰਦੇ ਵਿਚ ਆਪਣਾ) ਪਿਆਰ ਪੈਦਾ ਕੀਤਾ ਹੁੰਦਾ ਹੈ (ਉਸ ਪਿਆਰ ਦੀ ਕਦਰ) ਉਹ (ਆਪ) ਜਾਣਦਾ ਹੈ, ਜਾਂ (ਉਹ ਸੇਵਕ) ਜਾਣਦਾ ਹੈ ਜਿਸ ਦੇ ਮਨ ਵਿਚ (ਪਰਮਾਤਮਾ ਆਪਣਾ ਪਿਆਰ) ਟਿਕਾਂਦਾ ਹੈ।
54313	1263	ਜਨੁ ਨਾਨਕੁ ਹਰਿ ਦੇਖਿ ਸੁਖੁ ਪਾਵੈ ਸਭ ਤਨ ਕੀ ਭੂਖ ਟਰੈ॥੪॥੩॥		Jan Naanak Har Dhaekh Sukh Paavai Sabh Than Kee Bhookh Ttarai ||4||3||	Servant Nanak gazes upon the Lord and is at peace; The hunger of his body is totally satisfied. ||4||3||	ਦਾਸ ਨਾਨਕ ਉਸ ਪ੍ਰਭੂ ਦਾ ਦਰਸਨ ਕਰ ਕੇ ਆਤਮਕ ਆਨੰਦ ਹਾਸਲ ਕਰਦਾ ਹੈ (ਇਸ ਆਨੰਦ ਦੀ ਬਰਕਤਿ ਨਾਲ ਨਾਨਕ ਦੇ) ਸਰੀਰ ਦੀ ਸਾਰੀ (ਮਾਇਕ) ਭੁੱਖ ਦੂਰ ਹੋ ਜਾਂਦੀ ਹੈ ॥੪॥੩॥
54314	1263	ਮਲਾਰ ਮਹਲਾ ੪॥		Malaar Mehalaa 4 ||	Malaar, Fourth Mehl:	

54315	1263	ਜਿਤਨੇ ਜੀਅ ਜੰਤ ਪ੍ਰਭਿ ਕੀਨੇ ਤਿਤਨੇ ਸਿਰਿ ਕਾਰ ਲਿਖਾਵੈ॥		Jithanae Jeea Janth Prabh Keenae Thithanae Sir Kaar Likhaavai ||	All the beings and creatures which God has created - on their foreheds, He has written their destiny.	ਜਿਤਨੇ ਭੀ ਜੀਵ ਜੰਤੂ ਪ੍ਰਭੂ ਨੇ ਪੈਦਾ ਕੀਤੇ ਹਨ, ਸਾਰੇ ਹੀ (ਐਸੇ ਹਨ ਕਿ) ਹਰੇਕ ਦੇ ਸਿਰ ਉੱਤੇ (ਹਰੇਕ ਦੇ ਕਰਨ ਲਈ) ਕਾਰ ਲਿਖ ਰੱਖੀ ਹੈ।
54316	1263	ਹਰਿ ਜਨ ਕਉ ਹਰਿ ਦੀਨ੍ ਵਡਾਈ ਹਰਿ ਜਨੁ ਹਰਿ ਕਾਰੈ ਲਾਵੈ॥੧॥		Har Jan Ko Har Dheenh Vaddaaee Har Jan Har Kaarai Laavai ||1||	The Lord blesses His humble servant with glorious greatness. The Lord enjoins him to his tasks. ||1||	(ਆਪਣੇ) ਭਗਤ ਨੂੰ ਪ੍ਰਭੂ ਨੇ ਇਹ ਵਡਿਆਈ ਬਖ਼ਸ਼ੀ ਹੁੰਦੀ ਹੈ ਕਿ ਪ੍ਰਭੂ ਆਪਣੇ ਭਗਤ ਨੂੰ ਨਾਮ ਸਿਮਰਨ ਦੀ ਕਾਰ ਵਿਚ ਲਾਈ ਰੱਖਦਾ ਹੈ ॥੧॥
54317	1263	ਸਤਿਗੁਰੁ ਹਰਿ ਹਰਿ ਨਾਮੁ ਦ੍ਰਿੜਾਵੈ॥		Sathigur Har Har Naam Dhrirraavai ||	The True Guru implants the Naam, the Name of the Lord, Har, Har, within.	ਗੁਰੂ (ਮਨੁੱਖ ਦੇ) ਹਿਰਦੇ ਵਿਚ ਪਰਮਾਤਮਾ ਦਾ ਨਾਮ ਪੱਕੀ ਤਰ੍ਹਾਂ ਟਿਕਾ ਦੇਂਦਾ ਹੈ।
54318	1264	ਹਰਿ ਬੋਲਹੁ ਗੁਰ ਕੇ ਸਿਖ ਮੇਰੇ ਭਾਈ ਹਰਿ ਭਉਜਲੁ ਜਗਤੁ ਤਰਾਵੈ॥੧॥ਰਹਾਉ॥	ਜੱਗਤੁ	Har Bolahu Gur Kae Sikh Maerae Bhaaee Har Bhoujal Jagath Tharaavai ||1|| Rehaao ||	Chant the Name of the Lord, O Sikhs of the Guru, O my Siblings of Destiny. Only the Lord will carry you across the terrifying world-ocean. ||1||Pause||	(ਤਾਂ ਤੇ) ਹੇ ਗੁਰੂ ਕੇ ਸਿੱਖੋ! ਹੇ ਮੇਰੇ ਭਾਈਓ! (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਜਪਿਆ ਕਰੋ। ਪਰਮਾਤਮਾ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ ॥੧॥ ਰਹਾਉ ॥

54319	1264	ਜੋ ਗੁਰ ਕਉ ਜਨੁ ਪੂਜੇ ਸੇਵੇ ਸੋ ਜਨੁ ਮੇਰੇ ਹਰਿ ਪ੍ਰਭ ਭਾਵੈ॥		Jo Gur Ko Jan Poojae Saevae So Jan Maerae Har Prabh Bhaavai ||	That humble being who worships, adores and serves the Guru is pleasing to my Lord God.	ਜਿਹੜਾ ਮਨੁੱਖ ਗੁਰੂ ਦਾ ਆਦਰ-ਸਤਿਕਾਰ ਕਰਦਾ ਹੈ ਗੁਰੂ ਦੀ ਸਰਨ ਪੈਂਦਾ ਹੈ, ਉਹ ਮਨੁੱਖ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ।
54320	1264	ਹਰਿ ਕੀ ਸੇਵਾ ਸਤਿਗੁਰੁ ਪੂਜਹੁ ਕਰਿ ਕਿਰਪਾ ਆਪਿ ਤਰਾਵੈ॥੨॥		Har Kee Saevaa Sathigur Poojahu Kar Kirapaa Aap Tharaavai ||2||	To worship and adore the True Guru is to serve the Lord. In His Mercy, He saves us and carries us across. ||2||	ਪਰਮਾਤਮਾ ਦੀ ਸੇਵਾ-ਭਗਤੀ ਕਰਿਆ ਕਰੋ, ਗੁਰੂ ਦੀ ਸਰਨ ਪਏ ਰਹੋ (ਜਿਹੜਾ ਮਨੁੱਖ ਇਹ ਉੱਦਮ ਕਰਦਾ ਹੈ ਉਸ ਨੂੰ ਪ੍ਰਭੂ) ਮਿਹਰ ਕਰ ਕੇ ਆਪ ਪਾਰ ਲੰਘਾ ਲੈਂਦਾ ਹੈ ॥੨॥
54321	1264	ਭਰਮਿ ਭੂਲੇ ਅਗਿਆਨੀ ਅੰਧੁਲੇ ਭ੍ਰਮਿ ਭ੍ਰਮਿ ਫੂਲ ਤੋਰਾਵੈ॥		Bharam Bhoolae Agiaanee Andhhulae Bhram Bhram Fool Thoraavai ||	The ignorant and the blind wander deluded by doubt; deluded and confused, they pick flowers to offer to their idols.	(ਗੁਰੂ ਪਰਮੇਸਰ ਨੂੰ ਭੁਲਾ ਕੇ) ਮਨੁੱਖ ਭਟਕ ਭਟਕ ਕੇ (ਮੂਰਤੀ ਆਦਿਕ ਦੀ ਪੂਜਾ ਵਾਸਤੇ) ਫੁੱਲ ਤੋੜਦਾ ਫਿਰਦਾ ਹੈ। (ਅਜਿਹੇ ਮਨੁੱਖ) ਭਟਕਣਾ ਦੇ ਕਾਰਨ ਕੁਹਾਹੇ ਪਏ ਰਹਿੰਦੇ ਹਨ, ਆਤਮਕ ਜੀਵਨ ਵਲੋਂ-ਬੇਸਮਝ ਟਿਕੇ ਰਹਿੰਦੇ ਹਨ, ਉਹਨਾਂ ਨੂੰ ਸਹੀ ਜੀਵਨ-ਰਾਹ ਨਹੀਂ ਦਿੱਸਦਾ।
54322	1264	ਨਿਰਜੀਉ ਪੂਜਹਿ ਮੜਾ ਸਰੇਵਹਿ ਸਭ ਬਿਰਥੀ ਘਾਲ ਗਵਾਵੈ॥੩॥	ਮੜ੍ਹਾ	Nirajeeo Poojehi Marraa Saraevehi Sabh Birathhee Ghaal Gavaavai ||3||	They worship lifeless stones and serve the tombs of the dead; all their efforts are useless. ||3||	(ਉਹ ਅੰਨ੍ਹੇ ਮਨੁੱਖ) ਬੇ-ਜਾਨ (ਮੂਰਤੀਆਂ) ਨੂੰ ਪੂਜਦੇ ਹਨ, ਸਮਾਧਾਂ ਨੂੰ ਮੱਥੇ ਟੇਕਦੇ ਰਹਿੰਦੇ ਹਨ। (ਅਜਿਹਾ ਮਨੁੱਖ ਆਪਣੀ) ਸਾਰੀ ਮਿਹਨਤ ਵਿਅਰਥ ਗਵਾਂਦਾ ਹੈ ॥੩॥

54323	1264	ਬ੍ਰਹਮੁ ਬਿੰਦੇ ਸੋ ਸਤਿਗੁਰੁ ਕਹੀਐ ਹਰਿ ਹਰਿ ਕਥਾ ਸੁਣਾਵੈ॥		Breham Bindhae So Sathigur Keheeai Har Har Kathhaa Sunaavai ||	He alone is said to be the True Guru, who realizes God, and proclaims the Sermon of the Lord, Har, Har.	ਗੁਰੂ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਰੱਖਦਾ ਹੈ, ਜਗਤ ਉਸ ਨੂੰ ਗੁਰੂ ਆਖਦਾ ਹੈ, ਗੁਰੂ ਜਗਤ ਨੂੰ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਉਪਦੇਸ਼ ਸੁਣਾਂਦਾ ਹੈ।
54324	1264	ਤਿਸੁ ਗੁਰ ਕਉ ਛਾਦਨ ਭੋਜਨ ਪਾਟ ਪਟੰਬਰ ਬਹੁ ਬਿਧਿ ਸਤਿ ਕਰਿ ਮੁਖਿ ਸੰਚਹੁ ਤਿਸੁ ਪੁੰਨ ਕੀ ਫਿਰਿ ਤੋਟਿ ਨ ਆਵੈ॥੪॥	(ਸਤਿ) ਨਿਸਚੇ ਕਰਿ ਕਰਕੇ	This Gur Ko Shhaadhan Bhojan Paatt Pattanbar Bahu Bidhh Sath Kar Mukh Sanchahu This Punn Kee Fir Thott N Aavai ||4||	Offer the Guru sacred foods, clothes, silk and satin robes of all sorts; know that He is True. The merits of this shall never leave you lacking. ||4||	ਅਜਿਹੇ ਗੁਰੂ ਅੱਗੇ ਕਈ ਕਿਸਮਾਂ ਦੇ ਕੱਪੜੇ, ਖਾਣੇ ਰੇਸ਼ਮੀ ਕੱਪੜੇ ਸਰਧਾ ਨਾਲ ਭੇਟ ਕਰਿਆ ਕਰੋ। ਇਸ ਭਲੇ ਕੰਮ ਦੀ ਟੋਟ ਨਹੀਂ ਆਉਂਦੀ ॥੪॥
54325	1264	ਸਤਿਗੁਰੁ ਦੇਉ ਪਰਤਖਿ ਹਰਿ ਮੂਰਤਿ ਜੋ ਅੰਮ੍ਰਿਤ ਬਚਨ ਸੁਣਾਵੈ॥		Sathigur Dhaeo Parathakh Har Moorath Jo Anmrith Bachan Sunaavai ||	The Divine True Guru is the Embodiment, the Image of the Lord; He utters the Ambrosial Word.	(ਹੇ ਭਾਈ!) ਜਿਹੜਾ ਗੁਰੂ ਆਤਮਕ ਜੀਵਨ ਦੇਣ ਵਾਲੇ (ਸਿਫ਼ਤ-ਸਾਲਾਹ ਦੇ) ਬਚਨ ਸੁਣਾਂਦਾ ਰਹਿੰਦਾ ਹੈ, ਉਹ ਤਾਂ ਸਾਫ਼ ਤੌਰ ਤੇ ਪਰਮਾਤਮਾ ਦਾ ਰੂਪ ਪਿਆ ਦਿੱਸਦਾ ਹੈ।
54326	1264	ਨਾਨਕ ਭਾਗ ਭਲੇ ਤਿਸੁ ਜਨ ਕੇ ਜੋ ਹਰਿ ਚਰਣੀ ਚਿਤੁ ਲਾਵੈ॥੫॥੪॥		Naanak Bhaag Bhalae This Jan Kae Jo Har Charanee Chith Laavai ||5||4||	O Nanak, blessed and good is the destiny of that humble being, who focuses his consciousness on the Feet of the Lord. ||5||4||	ਹੇ ਨਾਨਕ! ਉਸ ਮਨੁੱਖ ਦੇ ਚੰਗੇ ਭਾਗ ਹੁੰਦੇ ਹਨ ਜਿਹੜਾ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਚਰਨਾਂ ਵਿਚ ਚਿੱਤ ਜੋੜੀ ਰੱਖਦਾ ਹੈ ॥੫॥੪॥

54327	1264	ਮਲਾਰ ਮਹਲਾ ੪॥		Malaar Mehalaa 4 ||	Malaar, Fourth Mehl:	
54328	1264	ਜਿਨ੍ ਕੈ ਹੀਅਰੈ ਬਸਿਓ ਮੇਰਾ ਸਤਿਗੁਰੁ ਤੇ ਸੰਤ ਭਲੇ ਭਲ ਭਾਂਤਿ॥		Jinh Kai Heearai Basiou Maeraa Sathigur Thae Santh Bhalae Bhal Bhaanth ||	Those whose hearts are filled with my True Guru - those Saints are good and noble in every way.	ਜਿਨ੍ਹਾਂ ਦੇ ਹਿਰਦੇ ਵਿਚ ਪਿਆਰਾ ਗੁਰੂ ਵੱਸਿਆ ਰਹਿੰਦਾ ਹੈ, ਉਹ ਮਨੁੱਖ ਪੂਰਨ ਤੌਰ ਤੇ ਭਲੇ ਸੰਤ ਬਣ ਜਾਂਦੇ ਹਨ।
54329	1264	ਤਿਨ੍ ਦੇਖੇ ਮੇਰਾ ਮਨੁ ਬਿਗਸੈ ਹਉ ਤਿਨ ਕੈ ਸਦ ਬਲਿ ਜਾਂਤ॥੧॥		Thinh Dhaekhae Maeraa Man Bigasai Ho Thin Kai Sadh Bal Jaanth ||1||	Seeing them, my mind blossoms forth in bliss; I am forever a sacrifice to them. ||1||	ਉਹਨਾਂ ਦਾ ਦਰਸਨ ਕਰ ਕੇ ਮੇਰਾ ਮਨ ਖਿੜ ਪੈਂਦਾ ਹੈ, ਮੈਂ ਤਾਂ ਉਹਨਾਂ ਤੋਂ ਸਦਾ ਸਦਕੇ ਜਾਂਦਾ ਹਾਂ ॥੧॥
54330	1264	ਗਿਆਨੀ ਹਰਿ ਬੋਲਹੁ ਦਿਨੁ ਰਾਤਿ॥		Giaanee Har Bolahu Dhin Raath ||	O spiritual teacher, chant the Name of the Lord, day and night.	ਹੇ ਗਿਆਨਵਾਨ ਮਨੁੱਖ! ਦਿਨ ਰਾਤ (ਹਰ ਵੇਲੇ) ਪਰਮਾਤਮਾ ਦਾ ਨਾਮ ਜਪਿਆ ਕਰ।
54331	1264	ਤਿਨ੍ ਕੀ ਤ੍ਰਿਸਨਾ ਭੂਖ ਸਭ ਉਤਰੀ ਜੋ ਗੁਰਮਤਿ ਰਾਮ ਰਸੁ ਖਾਂਤਿ॥੧॥ਰਹਾਉ॥		Thinh Kee Thrisanaa Bhookh Sabh Outharee Jo Guramath Raam Ras Khaanth ||1|| Rehaao ||	All hunger and thirst are satisfied, for those who partake of the sublime essence of the Lord, through the Guru's Teachings. ||1||Pause||	ਜਿਹੜੇ ਮਨੁੱਖ ਗੁਰੂ ਦੀ ਮੱਤ ਲੈ ਕੇ ਪਰਮਾਤਮਾ ਦਾ ਨਾਮ-ਰਸ ਖਾਂਦੇ ਹਨ, ਉਹਨਾਂ ਦੀ (ਮਾਇਆ ਵਾਲੀ) ਸਾਰੀ ਤ੍ਰਿਸ਼ਨਾ ਸਾਰੀ ਭੁੱਖ (ਸਾਰੀ ਭੁੱਖ ਤ੍ਰਿਹ) ਦੂਰ ਹੋ ਜਾਂਦੀ ਹੈ ॥੧॥ ਰਹਾਉ ॥

54332	1264	ਹਰਿ ਕੇ ਦਾਸ ਸਾਧ ਸਖਾ ਜਨ ਜਿਨ ਮਿਲਿਆ ਲਹਿ ਜਾਇ ਭਰਾਂਤਿ॥		Har Kae Dhaas Saadhh Sakhaa Jan Jin Miliaa Lehi Jaae Bharaanth ||	The slaves of the Lord are our Holy companions. Meeting with them, doubt is taken away.	ਪਰਮਾਤਮਾ ਦੇ ਭਗਤ-ਜਨ (ਐਸੇ) ਸਾਧ-ਮਿੱਤਰ (ਹਨ), ਜਿਨ੍ਹਾਂ ਦੇ ਮਿਲਿਆਂ (ਮਨ ਦੀ) ਭਟਕਣਾ ਦੂਰ ਹੋ ਜਾਂਦੀ ਹੈ।
54333	1264	ਜਿਉ ਜਲ ਦੁਧ ਭਿੰਨ ਭਿੰਨ ਕਾਢੈ ਚੁਣਿ ਹੰਸੁਲਾ ਤਿਉ ਦੇਹੀ ਤੇ ਚੁਣਿ ਕਾਢੈ ਸਾਧੂ ਹਉਮੈ ਤਾਤਿ॥੨॥		Jio Jal Dhudhh Bhinn Bhinn Kaadtai Chun Hansulaa Thio Dhaehee Thae Chun Kaadtai Saadhhoo Houmai Thaath ||2||	As the swan separates the milk from the water, the Holy Saint removes the fire of egotism from the body. ||2||	ਜਿਵੇਂ ਹੰਸ ਪਾਣੀ ਤੇ ਦੁੱਧ ਨੂੰ (ਆਪਣੀ ਚੁੰਝ ਨਾਲ) ਚੁਣ ਕੇ ਵੱਖ-ਵੱਖ ਕਰ ਦੇਂਦਾ ਹੈ, ਤਿਵੇਂ ਸਾਧੂ-ਮਨੁੱਖ ਸਰੀਰ ਵਿਚੋਂ ਹਉਮੈ ਈਰਖਾ ਨੂੰ ਚੁਣ ਕੇ ਬਾਹਰ ਕੱਢ ਦੇਂਦਾ ਹੈ ॥੨॥
54334	1264	ਜਿਨ ਕੈ ਪ੍ਰੀਤਿ ਨਾਹੀ ਹਰਿ ਹਿਰਦੈ ਤੇ ਕਪਟੀ ਨਰ ਨਿਤ ਕਪਟੁ ਕਮਾਂਤਿ॥		Jin Kai Preeth Naahee Har Hiradhai Thae Kapattee Nar Nith Kapatt Kamaanth ||	Those who do not love the Lord in their hearts are deceitful; they continually practice deception.	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਪਿਆਰ ਨਹੀਂ (ਵੱਸਦਾ), ਉਹ ਮਨੁੱਖ ਪਖੰਡੀ ਬਣ ਜਾਂਦੇ ਹਨ, ਉਹ (ਮਾਇਆ ਆਦਿਕ ਦੀ ਖ਼ਾਤਰ) ਸਦਾ (ਦੂਜਿਆਂ ਨਾਲ) ਠੱਗੀ ਕਰਦੇ ਹਨ।

54335	1264	ਤਿਨ ਕਉ ਕਿਆ ਕੋਈ ਦੇਇ ਖਵਾਲੈ ਓਇ ਆਪਿ ਬੀਜਿ ਆਪੇ ਹੀ ਖਾਂਤਿ॥੩॥	ਦੇ-ਇ	Thin Ko Kiaa Koee Dhaee Khavaalai Oue Aap Beej Aapae Hee Khaanth ||3||	What can anyone give them to eat? Whatever they themselves plant, they must eat. ||3||	ਉਹਨਾਂ ਨੂੰ ਹੋਰ ਕੋਈ ਮਨੁੱਖ (ਆਤਮਕ ਜੀਵਨ ਦੀ ਖ਼ੁਰਾਕ) ਨਾਹ ਦੇ ਸਕਦਾ ਹੈ ਨਾਹ ਖਵਾ ਸਕਦਾ ਹੈ, ਉਹ ਬੰਦੇ (ਠੱਗੀ ਦਾ ਬੀ) ਆਪ ਬੀਜ ਕੇ ਆਪ ਹੀ (ਉਸ ਦਾ ਫਲ ਸਦਾ) ਖਾਂਦੇ ਹਨ ॥੩॥
54336	1264	ਹਰਿ ਕਾ ਚਿਹਨੁ ਸੋਈ ਹਰਿ ਜਨ ਕਾ ਹਰਿ ਆਪੇ ਜਨ ਮਹਿ ਆਪੁ ਰਖਾਂਤਿ॥	(ਚਿਹਨੁ) ਸਰੂਪ	Har Kaa Chihan Soee Har Jan Kaa Har Aapae Jan Mehi Aap Rakhaanth ||	This is the Quality of the Lord, and of the Lord's humble servants as well; the Lord places His Own Essence within them.	(ਉੱਚੇ ਆਤਮਕ ਜੀਵਨ ਦਾ ਜਿਹੜਾ) ਲੱਛਣ ਪਰਮਾਤਮਾ ਦਾ ਹੁੰਦਾ ਹੈ (ਸਿਮਰਨ ਦੀ ਬਰਕਤਿ ਨਾਲ) ਉਹੀ ਲੱਛਣ ਪਰਮਾਤਮਾ ਦੇ ਭਗਤ ਦਾ ਹੋ ਜਾਂਦਾ ਹੈ। ਪ੍ਰਭੂ ਆਪ ਹੀ ਆਪਣੇ ਆਪ ਨੂੰ ਆਪਣੇ ਸੇਵਕ ਵਿਚ ਟਿਕਾਈ ਰੱਖਦਾ ਹੈ।
54337	1264	ਧਨੁ ਧੰਨੁ ਗੁਰੂ ਨਾਨਕੁ ਸਮਦਰਸੀ ਜਿਨਿ ਨਿੰਦਾ ਉਸਤਤਿ ਤਰੀ ਤਰਾਂਤਿ॥੪॥੫॥		Dhhan Dhhann Guroo Naanak Samadharasee Jin Nindhaa Ousathath Tharee Tharaanth ||4||5||	Blessed, blessed, is Guru Nanak, who looks impartially on all; He crosses over and transcends both slander and praise. ||4||5||	ਸਭ ਜੀਵਾਂ ਵਿਚ ਇਕੋ ਹਰੀ ਦੀ ਜੋਤਿ ਵੇਖਣ ਵਾਲਾ ਗੁਰੂ ਨਾਨਕ (ਹਰ ਵੇਲੇ) ਸਲਾਹੁਣ-ਜੋਗ ਹੈ, ਜਿਸ ਨੇ ਆਪ ਨਿੰਦਾ ਤੇ ਖ਼ੁਸ਼ਾਮਦ (ਦੀ ਨਦੀ) ਪਾਰ ਕਰ ਲਈ ਹੈ ਅਤੇ ਹੋਰਨਾਂ ਨੂੰ ਇਸ ਵਿਚੋਂ ਪਾਰ ਲੰਘਾ ਦੇਂਦਾ ਹੈ ॥੪॥੫॥
54338	1264	ਮਲਾਰ ਮਹਲਾ ੪॥		Malaar Mehalaa 4 ||	Malaar, Fourth Mehl:	

54339	1264	ਅਗਮੁ ਅਗੋਚਰੁ ਨਾਮੁ ਹਰਿ ਊਤਮੁ ਹਰਿ ਕਿਰਪਾ ਤੇ ਜਪਿ ਲਇਆ॥		Agam Agochar Naam Har Ootham Har Kirapaa Thae Jap Laeiaa ||	The Name of the Lord is inaccessible unfathomable exalted and sublime. It is chanted by the Lord's Grace.	ਪਰਮਾਤਮਾ ਅਪਹੁੰਚ ਹੈ, ਪਰਮਾਤਮਾ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਉਸ ਦਾ ਨਾਮ (ਮਨੁੱਖ ਦੇ ਜੀਵਨ ਨੂੰ) ਉੱਚਾ (ਕਰਨ ਵਾਲਾ) ਹੈ। (ਜਿਸ ਮਨੁੱਖ ਨੇ) ਗੁਰੂ ਦੀ ਕਿਰਪਾ ਨਾਲ (ਇਹ ਨਾਮ) ਜਪਿਆ ਹੈ,
54340	1264	ਸਤਸੰਗਤਿ ਸਾਧ ਪਾਈ ਵਡਭਾਗੀ ਸੰਗਿ ਸਾਧੂ ਪਾਰਿ ਪਇਆ॥੧॥		Sathasangath Saadhh Paaee Vaddabhaagee Sang Saadhhoo Paar Paeiaa ||1||	By great good fortune, I have found the True Congregation, and in the Company of the Holy, I am carried across. ||1||	(ਜਿਸ ਮਨੁੱਖ ਨੇ) ਵੱਡੇ ਭਾਗਾਂ ਨਾਲ ਗੁਰੂ ਦੀ ਸੰਗਤ ਪ੍ਰਾਪਤ ਕੀਤੀ ਹੈ, ਉਹ ਗੁਰੂ ਦੀ ਸੰਗਤ ਵਿਚ ਰਹਿ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ ਹੈ ॥੧॥
54341	1264	ਮੇਰੈ ਮਨਿ ਅਨ ਦਿਨੁ ਅਨਦੁ ਭਇਆ॥		Maerai Man Anadhin Anadh Bhaeiaa ||	My mind is in ecstasy, night and day.	(ਹੁਣ) ਮੇਰੇ ਮਨ ਵਿਚ ਹਰ ਵੇਲੇ ਆਨੰਦ ਬਣਿਆ ਰਹਿੰਦਾ ਹੈ।
54342	1264	ਗੁਰ ਪਰਸਾਦਿ ਨਾਮੁ ਹਰਿ ਜਪਿਆ ਮੇਰੇ ਮਨ ਕਾ ਭ੍ਰਮੁ ਭਉ ਗਇਆ॥੧॥ਰਹਾਉ ॥		Gur Parasaadh Naam Har Japiaa Maerae Man Kaa Bhram Bho Gaeiaa ||1|| Rehaao ||	By Guru's Grace, I chant the Name of the Lord. Doubt and fear are gone from my mind. ||1||Pause||	(ਜਦੋਂ ਤੋਂ) ਗੁਰੂ ਦੀ ਕਿਰਪਾ ਨਾਲ ਮੈਂ ਪਰਮਾਤਮਾ ਦਾ ਨਾਮ ਜਪ ਰਿਹਾ ਹਾਂ, ਮੇਰੇ ਮਨ ਦਾ ਹਰੇਕ ਭਰਮ ਅਤੇ ਡਰ ਦੂਰ ਹੋ ਗਿਆ ਹੈ ॥੧॥ ਰਹਾਉ ॥

54343	1264	ਜਿਨ ਹਰਿ ਗਾਇਆ ਜਿਨ ਹਰਿ ਜਪਿਆ ਤਿਨ ਸੰਗਤਿ ਹਰਿ ਮੇਲਹੁ ਕਰਿ ਮਇਆ॥		Jin Har Gaaeiaa Jin Har Japiaa Thin Sangath Har Maelahu Kar Maeiaa ||	Those who chant and meditate on the Lord - O Lord, in Your Mercy, please unite me with them.	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ ਹੈ, ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਜਪਿਆ ਹੈ, ਹੇ ਹਰੀ! ਮਿਹਰ ਕਰ ਕੇ (ਮੈਨੂੰ ਭੀ) ਉਹਨਾਂ ਦੀ ਸੰਗਤ ਮਿਲਾ।
54344	1264	ਤਿਨ ਕਾ ਦਰਸੁ ਦੇਖਿ ਸੁਖੁ ਪਾਇਆ ਦੁਖੁ ਹਉਮੈ ਰੋਗੁ ਗਇਆ॥੨॥		Thin Kaa Dharas Dhaekh Sukh Paaeiaa Dhukh Houmai Rog Gaeiaa ||2||	Gazing upon them, I am at peace; the pain and disease of egotism are gone. ||2||	ਉਹਨਾਂ ਦਾ ਦਰਸਨ ਕਰ ਕੇ ਆਤਮਕ ਆਨੰਦ ਮਿਲਦਾ ਹੈ, ਹਰੇਕ ਦੁੱਖ ਦੂਰ ਹੋ ਜਾਂਦਾ ਹੈ, ਹਉਮੈ ਦਾ ਰੋਗ ਮਿਟ ਜਾਂਦਾ ਹੈ ॥੨॥
54345	1264	ਜੋ ਅਨ ਦਿਨੁ ਹਿਰਦੈ ਨਾਮੁ ਧਿਆਵਹਿ ਸਭੁ ਜਨਮੁ ਤਿਨਾ ਕਾ ਸਫਲੁ ਭਇਆ॥		Jo Anadhin Hiradhai Naam Dhhiaavehi Sabh Janam Thinaa Kaa Safal Bhaeiaa ||	Those who meditate on the Naam, the Name of the Lord in their hearts - their lives become totally fruitful.	ਜਿਹੜੇ ਮਨੁੱਖ ਹਰ ਵੇਲੇ (ਆਪਣੇ) ਹਿਰਦੇ ਵਿਚ ਪਰਮਾਤਮਾ ਦਾ ਨਾਮ ਜਪਦੇ ਹਨ, ਉਹਨਾਂ ਦੀ ਸਾਰੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ।

54346	1264	ਓਇ ਆਪਿ ਤਰੇ ਸ੍ਰਿਸਟਿ ਸਭ ਤਾਰੀ ਸਭੁ ਕੁਲੁ ਭੀ ਪਾਰਿ ਪਇਆ॥੩॥		Oue Aap Tharae Srisatt Sabh Thaaree Sabh Kul Bhee Paar Paeiaa ||3||	They themselves swim across, and carry the world across with them. Their ancestors and family cross over as well. ||3||	ਉਹ ਮਨੁੱਖ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ, ਉਹ ਸਾਰੀ ਸ੍ਰਿਸ਼ਟੀ ਨੂੰ (ਭੀ) ਪਾਰ ਲੰਘਾ ਲੈਂਦੇ ਹਨ, (ਉਹਨਾਂ ਦੀ ਸੰਗਤ ਵਿਚ ਰਹਿ ਕੇ ਉਹਨਾਂ ਦਾ) ਸਾਰਾ ਖ਼ਾਨਦਾਨ ਭੀ ਪਾਰ ਲੰਘ ਜਾਂਦਾ ਹੈ ॥੩॥
54347	1264	ਤੁਧੁ ਆਪੇ ਆਪਿ ਉਪਾਇਆ ਸਭੁ ਜਗੁ ਤੁਧੁ ਆਪੇ ਵਸਿ ਕਰਿ ਲਇਆ॥	ਵੱਸਿ	Thudhh Aapae Aap Oupaaeiaa Sabh Jag Thudhh Aapae Vas Kar Laeiaa ||	You Yourself created the whole world, and You Yourself keep it under Your control.	ਹੇ ਪ੍ਰਭੂ! ਤੂੰ ਆਪ ਹੀ ਇਹ ਸਾਰਾ ਜਗਤ ਪੈਦਾ ਕੀਤਾ ਹੋਇਆ ਹੈ, ਤੂੰ ਆਪ ਹੀ ਇਸ ਨੂੰ ਆਪਣੇ ਵੱਸ ਵਿਚ ਰੱਖਿਆ ਹੈ (ਤੇ ਇਸ ਨੂੰ ਡੁੱਬਣੋਂ ਬਚਾਂਦਾ ਹੈਂ)।
54348	1265	ਜਨ ਨਾਨਕ ਕਉ ਪ੍ਰਭਿ ਕਿਰਪਾ ਧਾਰੀ ਬਿਖੁ ਡੁਬਦਾ ਕਾਢਿ ਲਇਆ॥੪॥੬॥	ਡੁੱਬਦਾ	Jan Naanak Ko Prabh Kirapaa Dhhaaree Bikh Ddubadhaa Kaadt Laeiaa ||4||6||	God has showered His Mercy on servant Nanak; He has lifted him up, and rescued him from the ocean of poison. ||4||6||	ਹੇ ਨਾਨਕ! ਪ੍ਰਭੂ ਨੇ ਜਿਸ ਸੇਵਕ ਉਤੇ ਮਿਹਰ ਕੀਤੀ, ਉਸ ਨੂੰ ਆਤਮਕ ਮੌਤ ਲਿਆਉਣ ਵਾਲੇ (ਮਾਇਆ ਦੇ ਮੋਹ ਦੇ) ਜ਼ਹਰ-ਸਮੁੰਦਰ ਵਿਚ ਡੁੱਬਦੇ ਨੂੰ ਬਾਹਰ ਕੱਢ ਲਿਆ ॥੪॥੬॥
54349	1265	ਮਲਾਰ ਮਹਲਾ ੪॥		Malaar Mehalaa 4 ||	Malaar, Fourth Mehl:	

54350	1265	ਗੁਰ ਪਰਸਾਦੀ ਅੰਮ੍ਰਿਤੁ ਨਹੀ ਪੀਆ ਤ੍ਰਿਸਨਾ ਭੂਖ ਨ ਜਾਈ॥		Gur Parasaadhee Anmrith Nehee Peeaa Thrisanaa Bhookh N Jaaee ||	Those who do not drink in the Ambrosial Nectar by Guru's Grace - their thirst and hunger are not relieved.	(ਜਿਸ ਮਨੁੱਖ ਨੇ) ਗੁਰੂ ਦੀ ਮਿਹਰ ਨਾਲ ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਕਦੇ) ਨਹੀਂ ਪੀਤਾ, ਉਸ ਦੀ (ਮਾਇਆ ਵਾਲੀ) ਭੁੱਖ ਤ੍ਰਿਹ ਦੂਰ ਨਹੀਂ ਹੁੰਦੀ।
54351	1265	ਮਨਮੁਖ ਮੂੜ੍ ਜਲਤ ਅਹੰਕਾਰੀ ਹਉਮੈ ਵਿਚਿ ਦੁਖੁ ਪਾਈ॥		Manamukh Moorrh Jalath Ahankaaree Houmai Vich Dhukh Paaee ||	The foolish self-willed manmukh burns in the fire of egotistical pride; he suffers painfully in egotism.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮੂਰਖ ਮਨੁੱਖ ਅਹੰਕਾਰ ਵਿਚ ਸੜਦਾ ਰਹਿੰਦਾ ਹੈ, ਹਉਮੈ ਵਿਚ ਫਸਿਆ ਹੋਇਆ ਦੁੱਖ ਸਹਾਰਦਾ ਰਹਿੰਦਾ ਹੈ।
54352	1265	ਆਵਤ ਜਾਤ ਬਿਰਥਾ ਜਨਮੁ ਗਵਾਇਆ ਦੁਖਿ ਲਾਗੈ ਪਛੁਤਾਈ॥		Aavath Jaath Birathhaa Janam Gavaaeiaa Dhukh Laagai Pashhuthaaee ||	Coming and going, he wastes his life uselessly; afflicted with pain, he regrets and repents.	ਜਨਮ ਮਰਨ ਦੇ ਗੇੜ ਵਿਚ ਪਿਆ ਉਹ ਮਨੁੱਖ ਆਪਣਾ ਜੀਵਨ ਵਿਅਰਥ ਗਵਾਂਦਾ ਹੈ, ਦੁਖੀ ਹੁੰਦਾ ਹੈ ਤੇ ਹੱਥ ਮਲਦਾ ਹੈ।
54353	1265	ਜਿਸ ਤੇ ਉਪਜੇ ਤਿਸਹਿ ਨ ਚੇਤਹਿ ਧ੍ਰਿਗੁ ਜੀਵਣੁ ਧ੍ਰਿਗੁ ਖਾਈ॥੧॥		Jis Thae Oupajae Thisehi N Chaethehi Dhhrig Jeevan Dhhrig Khaaee ||1||	He does not even think of the One, from whom he originated. Cursed is his life, and cursed is his food. ||1||	(ਅਜਿਹੇ ਮਨੁੱਖ) ਜਿਸ (ਪ੍ਰਭੂ) ਤੋਂ ਪੈਦਾ ਹੋਏ ਹਨ ਉਸ ਨੂੰ (ਕਦੇ) ਯਾਦ ਨਹੀਂ ਕਰਦੇ, ਉਹਨਾਂ ਦੀ ਜ਼ਿੰਦਗੀ ਫਿਟਕਾਰ-ਜੋਗ ਰਹਿੰਦੀ ਹੈ, ਉਹਨਾਂ ਦਾ ਖਾਧਾ-ਪੀਤਾ ਭੀ ਉਹਨਾਂ ਵਾਸਤੇ ਫਿਟਕਾਰ ਹੀ ਖੱਟਦਾ ਹੈ ॥੧॥

54354	1265	ਪ੍ਰਾਣੀ ਗੁਰਮੁਖਿ ਨਾਮੁ ਧਿਆਈ॥		Praanee Guramukh Naam Dhhiaaee ||	O mortal, as Gurmukh, meditate on the Naam, the Name of the Lord.	ਹੇ ਪ੍ਰਾਣੀ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰਿਆ ਕਰ।
54355	1265	ਹਰਿ ਹਰਿ ਕ੍ਰਿਪਾ ਕਰੇ ਗੁਰੁ ਮੇਲੇ ਹਰਿ ਹਰਿ ਨਾਮਿ ਸਮਾਈ॥੧॥ਰਹਾਉ॥		Har Har Kirapaa Karae Gur Maelae Har Har Naam Samaaee ||1|| Rehaao ||	The Lord, Har, Har, in His Mercy leads the mortal to meet the Guru; he is absorbed in the Name of the Lord, Har, Har. ||1||Pause||	ਜਿਸ ਮਨੁੱਖ ਉੱਤੇ ਹਰੀ ਕਿਰਪਾ ਕਰਦਾ ਹੈ, ਉਸ ਨੂੰ ਉਹ ਗੁਰੂ ਮਿਲਾਂਦਾ ਹੈ, ਤੇ, ਉਹ ਮਨੁੱਖ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ ॥੧॥ ਰਹਾਉ ॥
54356	1265	ਮਨਮੁਖ ਜਨਮੁ ਭਇਆ ਹੈ ਬਿਰਥਾ ਆਵਤ ਜਾਤ ਲਜਾਈ॥	ਲੱਜਾਈ	Manamukh Janam Bhaeiaa Hai Birathhaa Aavath Jaath Lajaaee ||	The life of the self-willed manmukh is useless; he comes and goes in shame.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਦਾ ਜੀਵਨ ਵਿਅਰਥ ਜਾਂਦਾ ਹੈ, ਜਨਮ ਮਰਨ ਦੇ ਗੇੜ ਵਿਚ ਫਸੇ ਹੋਏ ਹੀ ਉਹ ਸ਼ਰਮ-ਸਾਰ ਹੁੰਦੇ ਰਹਿੰਦੇ ਹਨ।
54357	1265	ਕਾਮਿ ਕ੍ਰੋਧਿ ਡੂਬੇ ਅਭਿਮਾਨੀ ਹਉਮੈ ਵਿਚਿ ਜਲਿ ਜਾਈ॥		Kaam Krodhh Ddoobae Abhimaanee Houmai Vich Jal Jaaee ||	In sexual desire and anger, the proud ones are drowned. They are burnt in their egotism.	ਉਹ ਮਨੁੱਖ ਕਾਮ ਵਿਚ ਕ੍ਰੋਧ ਵਿਚ ਅਹੰਕਾਰ ਵਿਚ ਹੀ ਡੁੱਬੇ ਰਹਿੰਦੇ ਹਨ। ਹਉਮੈ ਵਿਚ ਫਸਿਆਂ ਦਾ ਆਤਮਕ ਜੀਵਨ ਸੜ (ਕੇ ਸੁਆਹ ਹੋ) ਜਾਂਦਾ ਹੈ।

54358	1265	ਤਿਨ ਸਿਧਿ ਨ ਬੁਧਿ ਭਈ ਮਤਿ ਮਧਿਮ ਲੋਭ ਲਹਰਿ ਦੁਖੁ ਪਾਈ॥		Thin Sidhh N Budhh Bhee Math Madhhim Lobh Lehar Dhukh Paaee ||	They do not attain perfection or understanding; their intellect is dimmed. Tossed by the waves of greed, they suffer in pain.	(ਆਪਣੇ ਮਨ ਦੇ ਪਿੱਛੇ ਤੁਰਨ ਵਾਲੇ) ਉਹਨਾਂ ਮਨੁੱਖਾਂ ਨੂੰ (ਜੀਵਨ ਵਿਚ) ਸਫਲਤਾ ਹਾਸਲ ਨਹੀਂ ਹੁੰਦੀ, (ਸਫਲਤਾ ਵਾਲੀ) ਅਕਲ ਉਹਨਾਂ ਨੂੰ ਨਹੀਂ ਪ੍ਰਾਪਤ ਹੁੰਦੀ, ਉਹਨਾਂ ਦੀ ਮੱਤ ਨੀਵੀਂ ਹੀ ਰਹਿੰਦੀ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਲੋਭ ਦੀਆਂ ਲਹਿਰਾਂ ਵਿਚ (ਫਸਿਆ) ਦੁੱਖ ਪਾਂਦਾ ਹੈ।
54359	1265	ਗੁਰ ਬਿਹੂਨ ਮਹਾ ਦੁਖੁ ਪਾਇਆ ਜਮ ਪਕਰੇ ਬਿਲਲਾਈ॥੨॥		Gur Bihoon Mehaa Dhukh Paaeiaa Jam Pakarae Bilalaaee ||2||	Without the Guru, they suffer in terrible pain. Seized by Death, they weep and wail. ||2||	ਗੁਰੂ ਦੀ ਸਰਨ ਆਉਣ ਤੋਂ ਬਿਨਾ ਮਨਮੁਖ ਮਨੁੱਖ ਬਹੁਤ ਦੁੱਖ ਪਾਂਦਾ ਹੈ, ਜਦੋਂ ਉਸ ਨੂੰ ਜਮ ਆ ਫੜਦੇ ਹਨ ਤਾਂ ਉਹ ਵਿਲਕਦਾ ਹੈ ॥੨॥
54360	1265	ਹਰਿ ਕਾ ਨਾਮੁ ਅਗੋਚਰੁ ਪਾਇਆ ਗੁਰਮੁਖਿ ਸਹਜਿ ਸੁਭਾਈ॥		Har Kaa Naam Agochar Paaeiaa Guramukh Sehaj Subhaaee ||	As Gurmukh, I have attained the Unfathomable Name of the Lord, with intuitive peace and poise.	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਆਤਮਕ ਅਡੋਲਤਾ ਵਿਚ (ਟਿੱਕ ਕੇ) ਪ੍ਰੇਮ ਵਿਚ (ਲੀਨ ਹੋ ਕੇ) ਉਸ ਪਰਮਾਤਮਾ ਦਾ ਨਾਮ (-ਖ਼ਜ਼ਾਨਾ) ਹਾਸਲ ਕਰ ਲੈਂਦਾ ਹੈ ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ।

54361	1265	ਨਾਮੁ ਨਿਧਾਨੁ ਵਸਿਆ ਘਟ ਅੰਤਰਿ ਰਸਨਾ ਹਰਿ ਗੁਣ ਗਾਈ॥		Naam Nidhhaan Vasiaa Ghatt Anthar Rasanaa Har Gun Gaaee ||	The treasure of the Naam abides deep within my heart. My tongue sings the Glorious Praises of the Lord.	ਉਸ ਮਨੁੱਖ ਦੇ ਹਿਰਦੇ ਵਿਚ ਨਾਮ-ਖ਼ਜ਼ਾਨਾ ਆ ਵੱਸਦਾ ਹੈ, ਉਹ ਮਨੁੱਖ (ਆਪਣੀ) ਜੀਭ ਨਾਲ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ।
54362	1265	ਸਦਾ ਅਨੰਦਿ ਰਹੈ ਦਿਨੁ ਰਾਤੀ ਏਕ ਸਬਦਿ ਲਿਵ ਲਾਈ॥		Sadhaa Anandh Rehai Dhin Raathee Eaek Sabadh Liv Laaee ||	I am forever in bliss, day and night, lovingly attuned to the One Word of the Shabad.	ਇਕ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਸੁਰਤ ਜੋੜ ਕੇ ਉਹ ਮਨੁੱਖ ਦਿਨ ਰਾਤ ਸਦਾ ਆਨੰਦ ਵਿਚ ਰਹਿੰਦਾ ਹੈ।
54363	1265	ਨਾਮੁ ਪਦਾਰਥੁ ਸਹਜੇ ਪਾਇਆ ਇਹ ਸਤਿਗੁਰ ਕੀ ਵਡਿਆਈ॥੩॥		Naam Padhaarathh Sehajae Paaeiaa Eih Sathigur Kee Vaddiaaee ||3||	I have obtained the treasure of the Naam with intuitive ease; this is the glorious greatness of the True Guru. ||3||	ਆਤਮਕ ਅਡੋਲਤਾ ਦੀ ਰਾਹੀਂ ਉਹ ਮਨੁੱਖ ਕੀਮਤੀ ਹਰਿ-ਨਾਮ ਪ੍ਰਾਪਤ ਕਰ ਲੈਂਦਾ ਹੈ। ਇਹ ਸਾਰੀ ਗੁਰੂ ਦੀ ਹੀ ਬਰਕਤਿ ਹੈ ॥੩॥
54364	1265	ਸਤਿਗੁਰ ਤੇ ਹਰਿ ਹਰਿ ਮਨਿ ਵਸਿਆ ਸਤਿਗੁਰ ਕਉ ਸਦ ਬਲਿ ਜਾਈ॥		Sathigur Thae Har Har Man Vasiaa Sathigur Ko Sadh Bal Jaaee ||	Through the True Guru, the Lord, Har, Har, comes to dwell within my mind. I am forever a sacrifice to the True Guru.	ਮੈਂ ਗੁਰੂ ਤੋਂ ਸਦਾ ਕੁਰਬਾਨ ਜਾਂਦਾ ਹਾਂ, ਗੁਰੂ ਦੀ ਰਾਹੀਂ ਹੀ ਪਰਮਾਤਮਾ (ਦਾ ਨਾਮ ਮੇਰੇ) ਮਨ ਵਿਚ ਆ ਵੱਸਿਆ ਹੈ।

54365	1265	ਮਨੁ ਤਨੁ ਅਰਪਿ ਰਖਉ ਸਭੁ ਆਗੈ ਗੁਰ ਚਰਣੀ ਚਿਤੁ ਲਾਈ॥		Man Than Arap Rakho Sabh Aagai Gur Charanee Chith Laaee ||	I have dedicated my mind and body to Him, and placed everything before Him in offering. I focus my consciousness on His Feet.	ਮੈਂ ਆਪਣਾ ਮਨ ਆਪਣਾ ਤਨ ਸਭ ਕੁਝ ਗੁਰੂ ਦੇ ਅੱਗੇ ਭੇਟਾ ਰੱਖਦਾ ਹਾਂ, ਮੈਂ ਗੁਰੂ ਦੇ ਚਰਨਾਂ ਵਿਚ ਆਪਣਾ ਚਿੱਤ ਜੋੜੀ ਰੱਖਦਾ ਹਾਂ।
54366	1265	ਅਪਣੀ ਕ੍ਰਿਪਾ ਕਰਹੁ ਗੁਰ ਪੂਰੇ ਆਪੇ ਲੈਹੁ ਮਿਲਾਈ॥		Apanee Kirapaa Karahu Gur Poorae Aapae Laihu Milaaee ||	Please be merciful to me, O my Perfect Guru, and unite me with Yourself.	ਹੇ ਨਾਨਕ! ਹੇ ਪੂਰੇ ਗੁਰੂ! (ਮੇਰੇ ਉਤੇ) ਆਪਣੀ ਮਿਹਰ ਕਰੋ, ਮੈਨੂੰ ਆਪ ਹੀ (ਆਪਣੇ ਚਰਨਾਂ ਵਿਚ) ਮਿਲਾਈ ਰੱਖ।
54367	1265	ਹਮ ਲੋਹ ਗੁਰ ਨਾਵ ਬੋਹਿਥਾ ਨਾਨਕ ਪਾਰਿ ਲੰਘਾਈ॥੪॥੭॥		Ham Loh Gur Naav Bohithhaa Naanak Paar Langhaaee ||4||7||	I am just iron; the Guru is the boat, to carry me across. ||4||7||	ਅਸੀਂ ਜੀਵ (ਵਿਕਾਰਾਂ ਨਾਲ ਭਾਰੇ ਹੋ ਚੁਕੇ) ਲੋਹਾ ਹਾਂ, ਗੁਰੂ ਬੇੜੀ ਹੈ ਗੁਰੂ ਜਹਾਜ਼ ਹੈ ਜੋ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਂਦਾ ਹੈ ॥੪॥੭॥
54368	1265	ਮਲਾਰ ਮਹਲਾ ੪ ਪੜਤਾਲ ਘਰੁ ੩		Malaar Mehalaa 4 Parrathaal Ghar 3	Malaar, Fourth Mehl, Partaal, Third House:	ਰਾਗ ਮਲਾਰ, ਘਰ ੩ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਪੜਤਾਲ'।
54369	1265	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

54370	1265	ਹਰਿ ਜਨ ਬੋਲਤ ਸ੍ਰੀ ਰਾਮ ਨਾਮਾ ਮਿਲਿ ਸਾਧਸੰਗਤਿ ਹਰਿ ਤੋਰ॥੧॥ਰਹਾਉ॥		Har Jan Bolath Sreeraam Naamaa Mil Saadhhasangath Har Thor ||1|| Rehaao ||	The humble servant of the Lord chants the Name of the Supreme Lord; he joins the Saadh Sangat, the Company of the Lord's Holy. ||1||Pause||	ਹੇ ਹਰੀ! ਤੇਰੇ ਭਗਤ ਤੇਰੀ ਸਾਧ ਸੰਗਤ ਵਿਚ ਮਿਲ ਕੇ ਤੇਰਾ ਨਾਮ ਜਪਦੇ ਹਨ ॥੧॥ ਰਹਾਉ ॥
54371	1265	ਹਰਿ ਧਨੁ ਬਨਜਹੁ ਹਰਿ ਧਨੁ ਸੰਚਹੁ ਜਿਸੁ ਲਾਗਤ ਹੈ ਨਹੀ ਚੋਰ॥੧॥		Har Dhhan Banajahu Har Dhhan Sanchahu Jis Laagath Hai Nehee Chor ||1||	Deal only in the wealth of the Lord, and gather only the wealth of the Lord. No thief can ever steal it. ||1||	(ਤੁਸੀਂ ਭੀ ਸਾਧ ਸੰਗਤ ਵਿਚ) ਪਰਮਾਤਮਾ ਦਾ ਨਾਮ-ਧਨ ਵਣਜੋ, ਪ੍ਰਭੂ ਦਾ ਨਾਮ-ਧਨ ਇਕੱਠਾ ਕਰੋ, (ਇਹ ਧਨ ਐਸਾ ਹੈ) ਕਿ ਇਸ ਨੂੰ ਚੋਰ ਚੁਰਾ ਨਹੀਂ ਸਕਦੇ ॥੧॥
54372	1265	ਚਾਤ੍ਰਿਕ ਮੋਰ ਬੋਲਤ ਦਿਨੁ ਰਾਤੀ ਸੁਨਿ ਘਨਿਹਰ ਕੀ ਘੋਰ॥੨॥		Chaathrik Mor Bolath Dhin Raathee Sun Ghanihar Kee Ghor ||2||	The rainbirds and the peacocks sing day and night, hearing the thunder in the clouds. ||2||	(ਜਿਵੇਂ) ਪਪੀਹੇ ਤੇ ਮੋਰ ਬੱਦਲਾਂ ਦੀ ਗੜਗੱਜ ਸੁਣ ਕੇ ਦਿਨ ਰਾਤ ਬੋਲਦੇ ਹਨ, (ਤਿਵੇਂ ਤੁਸੀਂ ਭੀ ਸਾਧ ਸੰਗਤ ਵਿਚ ਮਿਲ ਕੇ ਹਰੀ ਦਾ ਨਾਮ ਜਪਿਆ ਕਰੋ) ॥੨॥

54373	1265	ਜੋ ਬੋਲਤ ਹੈ ਮ੍ਰਿਗ ਮੀਨ ਪੰਖੇਰੂ ਸੁ ਬਿਨੁ ਹਰਿ ਜਾਪਤ ਹੈ ਨਹੀ ਹੋਰ॥੩॥		Jo Bolath Hai Mrig Meen Pankhaeroo S Bin Har Jaapath Hai Nehee Hor ||3||	Whatever the deer, the fish and the birds sing, they chant to the Lord, and no other. ||3||	(ਉਹ ਪਰਮਾਤਮਾ ਐਸਾ ਹੈ ਕਿ) ਪਸ਼ੂ ਪੰਛੀ ਮੱਛੀਆਂ ਆਦਿਕ (ਧਰਤੀ ਉਤੇ ਤੁਰਨ ਫਿਰਨ ਵਾਲੇ, ਪਾਣੀ ਵਿਚ ਰਹਿਣ ਵਾਲੇ, ਆਕਾਸ਼ ਵਿਚ ਉੱਡਣ ਵਾਲੇ ਸਾਰੇ ਹੀ) ਜੋ ਬੋਲਦੇ ਹਨ, ਪਰਮਾਤਮਾ (ਦੀ ਦਿੱਤੀ ਸੱਤਿਆ) ਤੋਂ ਬਿਨਾ (ਕਿਸੇ) ਹੋਰ (ਦੀ ਸੱਤਿਆ ਨਾਲ) ਨਹੀਂ ਬੋਲਦੇ ॥੩॥
54374	1265	ਨਾਨਕ ਜਨ ਹਰਿ ਕੀਰਤਿ ਗਾਈ ਛੂਟਿ ਗਇਓ ਜਮ ਕਾ ਸਭ ਸੋਰ॥੪॥੧॥੮॥		Naanak Jan Har Keerath Gaaee Shhoott Gaeiou Jam Kaa Sabh Sor ||4||1||8||	Servant Nanak sings the Kirtan of the Lord's Praises; the sound and fury of Death has totally gone away. ||4||1||8||	ਹੇ ਨਾਨਕ! ਜਿਨ੍ਹਾਂ ਭੀ ਹਰਿ-ਸੇਵਕਾਂ ਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਣਾ ਸ਼ੁਰੂ ਕਰ ਦਿੱਤਾ, (ਉਹਨਾਂ ਵਾਸਤੇ) ਜਮਦੂਤਾਂ ਦਾ ਸਾਰਾ ਰੌਲਾ ਮੁੱਕ ਗਿਆ (ਉਹਨਾਂ ਨੂੰ ਜਮਦੂਤਾਂ ਦਾ ਕੋਈ ਡਰ ਨਾਹ ਰਹਿ ਗਿਆ) ॥੪॥੧॥੮॥
54375	1265	ਮਲਾਰ ਮਹਲਾ ੪॥		Malaar Mehalaa 4 ||	Malaar, Fourth Mehl:	
54376	1265	ਰਾਮ ਰਾਮ ਬੋਲਿ ਬੋਲਿ ਖੋਜਤੇ ਬਡਭਾਗੀ॥		Raam Raam Bol Bol Khojathae Baddabhaagee ||	They speak and chant the Name of the Lord, Raam, Raam; the very fortunate ones seek Him.	ਪਰਮਾਤਮਾ ਦਾ ਨਾਮ ਸਦਾ ਉਚਾਰਿਆ ਕਰ। ਵੱਡੇ ਭਾਗਾਂ ਵਾਲੇ ਹਨ ਉਹ ਮਨੁੱਖ ਜੋ (ਪਰਮਾਤਮਾ ਦਾ ਦਰਸਨ ਕਰਨ ਲਈ) ਭਾਲ ਕਰਦੇ ਹਨ।

54377	1265	ਹਰਿ ਕਾ ਪੰਥੁ ਕੋਊ ਬਤਾਵੈ ਹਉ ਤਾ ਕੈ ਪਾਇ ਲਾਗੀ॥੧॥ਰਹਾਉ॥		Har Kaa Panthh Kooo Bathaavai Ho Thaa Kai Paae Laagee ||1|| Rehaao ||	Whoever shows me the Way of the Lord - I fall at his feet. ||1||Pause||	ਮੈਂ (ਤਾਂ) ਉਸ ਮਨੁੱਖ ਦੇ ਚਰਨੀਂ ਲੱਗਦਾ ਹਾਂ ਜਿਹੜਾ ਮੈਨੂੰ ਪਰਮਾਤਮਾ ਦਾ ਰਾਹ ਦੱਸ ਦੇਵੇ ॥੧॥ ਰਹਾਉ ॥
54378	1265	ਹਰਿ ਹਮਾਰੋ ਮੀਤੁ ਸਖਾਈ ਹਮ ਹਰਿ ਸਿਉ ਪ੍ਰੀਤਿ ਲਾਗੀ॥		Har Hamaaro Meeth Sakhaaee Ham Har Sio Preeth Laagee ||	The Lord is my Friend and Compansion; I am in love with the Lord.	ਪਰਮਾਤਮਾ ਹੀ ਮੇਰਾ ਮਿੱਤਰ ਹੈ ਮੇਰਾ ਮਦਦਗਾਰ ਹੈ, ਪਰਮਾਤਮਾ ਨਾਲ (ਹੀ) ਮੇਰਾ ਪਿਆਰ ਬਣਿਆ ਹੋਇਆ ਹੈ।
54379	1266	ਹਰਿ ਹਮ ਗਾਵਹਿ ਹਰਿ ਹਮ ਬੋਲਹਿ ਅਉਰੁ ਦੁਤੀਆ ਪ੍ਰੀਤਿ ਹਮ ਤਿਆਗੀ॥੧॥		Har Ham Gaavehi Har Ham Bolehi Aour Dhutheeaa Preeth Ham Thiaagee ||1||	I sing of the Lord, and I speak of the Lord; I have discarded all other loves. ||1||	ਮੈਂ ਪਰਮਾਤਮਾ ਦੀ ਹੀ ਸਿਫ਼ਤ-ਸਾਲਾਹ ਦੇ ਗੀਤ ਗਾਂਦਾ ਹਾਂ, ਮੈਂ ਪਰਮਾਤਮਾ ਦਾ ਹੀ ਨਾਮ ਜਪਦਾ ਹਾਂ। ਪ੍ਰਭੂ ਤੋਂ ਬਿਨਾ ਕਿਸੇ ਹੋਰ ਦਾ ਪਿਆਰ ਮੈਂ ਛੱਡ ਦਿੱਤਾ ਹੋਇਆ ਹੈ ॥੧॥
54380	1266	ਮਨਮੋਹਨ ਮੋਰੋ ਪ੍ਰੀਤਮੁ ਰਾਮੁ ਹਰਿ ਪਰਮਾਨੰਦੁ ਬੈਰਾਗੀ॥		Manamohan Moro Preetham Raam Har Paramaanandh Bairaagee ||	My Beloved is the Enticer of the mind; The Detached Lord God is the Embodiment of Supreme bliss.	ਸਭ ਦੇ ਮਨ ਨੂੰ ਮੋਹ ਲੈਣ ਵਾਲਾ ਪਰਮਾਤਮਾ ਹੀ ਮੇਰਾ ਪ੍ਰੀਤਮ ਹੈ। ਉਹ ਪਰਮਾਤਮਾ ਸਭ ਤੋਂ ਉੱਚੇ ਆਨੰਦ ਦਾ ਮਾਲਕ ਹੈ, ਮਾਇਆ ਦੇ ਪ੍ਰਭਾਵ ਤੋਂ ਉੱਚਾ ਰਹਿਣ ਵਾਲਾ ਹੈ।

54381	1266	ਹਰਿ ਦੇਖੇ ਜੀਵਤ ਹੈ ਨਾਨਕੁ ਇਕ ਨਿਮਖ ਪਲੋ ਮੁਖਿ ਲਾਗੀ॥੨॥੨॥੯॥੯॥੧੩॥੯॥੩੧॥		Har Dhaekhae Jeevath Hai Naanak Eik Nimakh Palo Mukh Laagee ||2||2||9||9||13||9||31||	Nanak lives by gazing upon the Lord; may I see Him for a moment, for even just an instant. ||2||2||9||9||13||9||31||	ਜੇ ਉਸ ਪਰਮਾਤਮਾ ਦਾ ਦਰਸ਼ਨ ਅੱਖ ਝਮਕਣ ਜਿਤਨੇ ਸਮੇ ਲਈ ਹੋ ਜਾਏ, ਇਕ ਪਲ ਭਰ ਲਈ ਹੋ ਜਾਏ, ਤਾਂ ਨਾਨਕ ਉਸ ਦਾ ਦਰਸ਼ਨ ਕਰ ਕੇ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ ॥੨॥੨॥੯॥੯॥੧੩॥੯॥੩੧॥
54382	1266	ਰਾਗੁ ਮਲਾਰ ਮਹਲਾ ੫ ਚਉਪਦੇ ਘਰੁ ੧		Raag Malaar Mehalaa 5 Choupadhae Ghar 1	Raag Malaar, Fifth Mehl, Chau-Padas, First House:	ਰਾਗ ਮਲਾਰ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
54383	1266	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
54384	1266	ਕਿਆ ਤੂ ਸੋਚਹਿ ਕਿਆ ਤੂ ਚਿਤਵਹਿ ਕਿਆ ਤੂੰ ਕਰਹਿ ਉਪਾਏ॥		Kiaa Thoo Sochehi Kiaa Thoo Chithavehi Kiaa Thoon Karehi Oupaaeae ||	What are you so worried about? What are you thinking? What have you tried?	(ਪਰਮਾਤਮਾ ਦੀ ਸਰਨ ਛੱਡ ਕੇ) ਤੂੰ ਹੋਰ ਕੀਹ ਸੋਚਾਂ ਸੋਚਦਾਂ ਹੈਂ? ਤੂੰ ਹੋਰ ਕੀਹ ਉਪਾਵ ਚਿਤਵਦਾ ਹੈਂ? ਤੂੰ ਹੋਰ ਕਿਹੜੇ ਹੀਲੇ ਕਰਦਾ ਹੈਂ?
54385	1266	ਤਾ ਕਉ ਕਹਹੁ ਪਰਵਾਹ ਕਾਹੂ ਕੀ ਜਿਹ ਗੋਪਾਲ ਸਹਾਏ॥੧॥		Thaa Ko Kehahu Paravaah Kaahoo Kee Jih Gopaal Sehaaeae ||1||	Tell me - the Lord of the Universe - who controls Him? ||1||	(ਵੇਖ) ਜਿਸ (ਮਨੁੱਖ) ਦਾ ਸਹਾਈ ਪਰਮਾਤਮਾ ਆਪ ਬਣਦਾ ਹੈ ਉਸ ਨੂੰ, ਦੱਸ, ਕਿਸ ਦੀ ਪਰਵਾਹ ਰਹਿ ਜਾਂਦੀ ਹੈ? ॥੧॥

54386	1266	ਬਰਸੈ ਮੇਘੁ ਸਖੀ ਘਰਿ ਪਾਹੁਨ ਆਏ॥		Barasai Maegh Sakhee Ghar Paahun Aaeae ||	The rain showers down from the clouds, O companion. The Guest has come into my home.	ਹੇ ਸਹੇਲੀ! (ਮੇਰੇ ਹਿਰਦੇ-) ਘਰ ਵਿਚ ਪ੍ਰਭੂ-ਪਤੀ ਜੀ ਟਿਕੇ ਹਨ (ਮੇਰੇ ਅੰਦਰੋਂ ਤਪਸ਼ ਮਿੱਟ ਗਈ ਹੈ, ਇਉਂ ਜਾਪਦਾ ਹੈ ਜਿਵੇਂ ਮੇਰੇ ਅੰਦਰ ਉਸ ਦੀ ਮਿਹਰ ਦਾ) ਬੱਦਲ ਵੱਸ ਰਿਹਾ ਹੈ।
54387	1266	ਮੋਹਿ ਦੀਨ ਕ੍ਰਿਪਾਨਿਧਿ ਠਾਕੁਰ ਨਵ ਨਿਧਿ ਨਾਮਿ ਸਮਾਏ॥੧॥ਰਹਾਉ॥		Mohi Dheen Kirapaa Nidhh Thaakur Nav Nidhh Naam Samaaeae ||1|| Rehaao ||	I am meek; my Lord and Master is the Ocean of Mercy. I am absorbed in the nine treasures of the Naam, the Name of the Lord. ||1||Pause||	ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਹੇ ਮਾਲਕ-ਪ੍ਰਭੂ! ਮੈਨੂੰ ਕੰਗਾਲ ਨੂੰ ਆਪਣੇ ਨਾਮ ਵਿਚ ਲੀਨ ਕਰੀ ਰੱਖ (ਇਹ ਨਾਮ ਹੀ ਮੇਰੇ ਵਾਸਤੇ) ਨੌ ਖ਼ਜ਼ਾਨੇ ਹੈ ॥੧॥ ਰਹਾਉ ॥
54388	1266	ਅਨਿਕ ਪ੍ਰਕਾਰ ਭੋਜਨ ਬਹੁ ਕੀਏ ਬਹੁ ਬਿੰਜਨ ਮਿਸਟਾਏ॥		Anik Prakaar Bhojan Bahu Keeeae Bahu Binjan Misattaaeae ||	I have prepared all sorts of foods in various ways, and all sorts of sweet deserts.	ਜਿਵੇਂ ਕੋਈ ਇਸਤ੍ਰੀ ਆਪਣੇ ਪਤੀ ਵਾਸਤੇ ਅਨੇਕਾਂ ਕਿਸਮਾਂ ਦੇ ਮਿੱਠੇ ਸੁਆਦਲੇ ਖਾਣੇ ਤਿਆਰ ਕਰਦੀ ਹੈ, ਬੜੀ ਸੁੱਚ ਨਾਲ ਰਸੋਈ ਸੁਥਰੀ ਬਣਾਂਦੀ ਹੈ,
54389	1266	ਕਰੀ ਪਾਕਸਾਲ ਸੋਚ ਪਵਿਤ੍ਰਾ ਹੁਣਿ ਲਾਵਹੁ ਭੋਗੁ ਹਰਿ ਰਾਏ॥੨॥	ਸ਼ੁਭ ਗੁਣਾਂ ਰੂਪੀ ਪਦਾਰਥ ਦੀ (ਪਾਕਸਾਲ) ਰਸੋਈ। (ਸੋਚ) ਸੱਚ ਸੁੱਚਮ। (ਪਵਿਤ੍ਰਾ) ਪਵਿੱਤ੍ਰਤਾਈ	Karee Paakasaal Soch Pavithraa Hun Laavahu Bhog Har Raaeae ||2||	I have made my kitchen pure and sacred. Now, O my Sovereign Lord King, please sample my food. ||2||	ਹੇ ਮੇਰੇ ਪ੍ਰਭੂ-ਪਾਤਿਸ਼ਾਹ! (ਤੇਰੇ ਪਿਆਰ ਵਿਚ ਮੈਂ ਆਪਣੇ ਹਿਰਦੇ ਦੀ ਰਸੋਈ ਨੂੰ ਤਿਆਰ ਕੀਤਾ ਹੈ, ਮਿਹਰ ਕਰ, ਤੇ ਇਸ ਨੂੰ) ਹੁਣ ਪਰਵਾਨ ਕਰ ॥੨॥

54390	1266	ਦੁਸਟ ਬਿਦਾਰੇ ਸਾਜਨ ਰਹਸੇ ਇਹਿ ਮੰਦਿਰ ਘਰ ਅਪਨਾਏ॥	(ਦੁਸਟ) ਕਾਮਾਦਿਕ । (ਰਹਸੇ) ਖ਼ੁਸ਼,ਪਰਫ਼ੁਲਤ ਹੋਏ। (ਮੰਦਿਰ) ਸ੍ਰੀਰ, (ਅਪਨਾਏ) ਅਪਣਾ ਘਰ ਜਾਣ ਕੇ ਆਏ, ਭਾਵ ਇਸ ਸ੍ਰੀਰ ਚ ਪ੍ਰਗਟੇ। ਰਹਸੇ: ਪੋਲਾ ਬੋਲੋ	Dhusatt Bidhaarae Saajan Rehasae Eihi Mandhir Ghar Apanaaeae ||	The villains have been destroyed, and my friends are delighted. This is Your Own Mansion and Temple, O Lord.	ਹੇ ਸਖੀ! ਇਹਨਾਂ (ਸਰੀਰ) ਘਰਾਂ-ਮੰਦਰਾਂ ਨੂੰ (ਜਦੋਂ ਪ੍ਰਭੂ-ਪਤੀ) ਅਪਣਾਂਦਾ ਹੈ (ਇਹਨਾਂ ਵਿਚ ਆਪਣਾ ਪਰਕਾਸ਼ ਕਰਦਾ ਹੈ, ਤਦੋਂ ਇਹਨਾਂ ਵਿਚੋਂ ਕਾਮਾਦਿਕ) ਦੁਸ਼ਟ ਨਾਸ ਹੋ ਜਾਂਦੇ ਹਨ (ਅਤੇ ਦੈਵੀ ਗੁਣ) ਸੱਜਣ ਪ੍ਰਫੁਲਤ ਹੋ ਜਾਂਦੇ ਹਨ।
54391	1266	ਜਉ ਗ੍ਰਿਹਿ ਲਾਲੁ ਰੰਗੀਓ ਆਇਆ ਤਉ ਮੈ ਸਭਿ ਸੁਖ ਪਾਏ॥੩॥	ਗ੍ਰਿਹਿ। (ਰੰਗੀਓ) ਆਨੰਦੀ	Jo Grihi Laal Rangeeou Aaeiaa Tho Mai Sabh Sukh Paaeae ||3||	When my Playful Beloved came into my household, then I found total peace. ||3||	ਹੇ ਸਖੀ! ਜਦੋਂ ਤੋਂ ਮੇਰੇ ਹਿਰਦੇ-ਘਰ ਵਿਚ ਸੋਹਣਾ ਲਾਲ (ਪ੍ਰਭੂ) ਆ ਵੱਸਿਆ ਹੈ, ਤਦੋਂ ਤੋਂ ਮੈਂ ਸਾਰੇ ਸੁਖ ਹਾਸਲ ਕਰ ਲਏ ਹਨ ॥੩॥
54392	1266	ਸੰਤ ਸਭਾ ਓਟ ਗੁਰ ਪੂਰੇ ਧੁਰਿ ਮਸਤਕਿ ਲੇਖੁ ਲਿਖਾਏ॥		Santh Sabhaa Outt Gur Poorae Dhhur Masathak Laekh Likhaaeae ||	In the Society of the Saints, I have the Support and Protection of the Perfect Guru; this is the pre-ordained destiny inscribed upon my forehead.	ਧੁਰ ਦਰਗਾਹ ਤੋਂ ਜਿਸ ਜੀਵ ਦੇ ਮੱਥੇ ਉੱਤੇ ਸਾਧ ਸੰਗਤ ਵਿਚ ਪੂਰੇ ਗੁਰੂ ਦੀ ਓਟ ਦਾ ਲੇਖ ਲਿਖਿਆ ਹੁੰਦਾ ਹੈ,

54393	1266	ਜਨ ਨਾਨਕ ਕੰਤੁ ਰੰਗੀਲਾ ਪਾਇਆ ਫਿਰਿ ਦੂਖੁ ਨ ਲਾਗੈ ਆਏ॥੪॥੧॥		Jan Naanak Kanth Rangeelaa Paaeiaa Fir Dhookh N Laagai Aaeae ||4||1||	Servant Nanak has found his Playful Husband Lord. He shall never suffer in sorrow again. ||4||1||	ਹੇ ਦਾਸ ਨਾਨਕ! ਉਸ ਨੂੰ ਸੋਹਣਾ ਪ੍ਰਭੂ-ਪਤੀ ਮਿਲ ਪੈਂਦਾ ਹੈ, ਉਸ ਨੂੰ ਫਿਰ ਕੋਈ ਦੁੱਖ ਪੋਹ ਨਹੀਂ ਸਕਦਾ ॥੪॥੧॥
54394	1266	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54395	1266	ਖੀਰ ਅਧਾਰਿ ਬਾਰਿਕੁ ਜਬ ਹੋਤਾ ਬਿਨੁ ਖੀਰੈ ਰਹਨੁ ਨ ਜਾਈ॥		Kheer Adhhaar Baarik Jab Hothaa Bin Kheerai Rehan N Jaaee ||	When the baby's only food is milk, it cannot survive without its milk.	ਜਦੋਂ (ਕੋਈ) ਬੱਚਾ ਦੁੱਧ ਦੇ ਆਸਰੇ ਹੀ ਹੁੰਦਾ ਹੈ (ਤਦੋਂ ਉਹ) ਦੁੱਧ ਤੋਂ ਬਿਨਾ ਨਹੀਂ ਰਹਿ ਸਕਦਾ।
54396	1266	ਸਾਰਿ ਸਮ੍ਹਾਲਿ ਮਾਤਾ ਮੁਖਿ ਨੀਰੈ ਤਬ ਓਹੁ ਤ੍ਰਿਪਤਿ ਅਘਾਈ॥੧॥		Saar Samhaal Maathaa Mukh Neerai Thab Ouhu Thripath Aghaaee ||1||	The mother takes care of it, and pours milk into its mouth; then, it is satisfied and fulfilled. ||1||	(ਜਦੋਂ ਉਸ ਦੀ) ਮਾਂ (ਉਸ ਦੀ) ਸਾਰ ਲੈ ਕੇ (ਉਸ ਦੀ) ਸੰਭਾਲ ਕਰ ਕੇ (ਉਸ ਦੇ) ਮੂੰਹ ਵਿਚ ਆਪਣਾ ਥਣ ਪਾਂਦੀ ਹੈ, ਤਦੋਂ ਉਹ (ਦੁੱਧ ਨਾਲ) ਚੰਗੀ ਤਰ੍ਹਾਂ ਰੱਜ ਜਾਂਦਾ ਹੈ ॥੧॥
54397	1266	ਹਮ ਬਾਰਿਕ ਪਿਤਾ ਪ੍ਰਭੁ ਦਾਤਾ॥		Ham Baarik Pithaa Prabh Dhaathaa ||	I am just a baby; God, the Great Giver, is my Father.	ਦਾਤਾਰ ਪ੍ਰਭੂ (ਸਾਡਾ) ਪਿਤਾ ਹੈ, ਅਸੀਂ (ਜੀਵ ਉਸ ਦੇ) ਬੱਚੇ ਹਾਂ।

54398	1266	ਭੂਲਹਿ ਬਾਰਿਕ ਅਨਿਕ ਲਖ ਬਰੀਆ ਅਨ ਠਉਰ ਨਾਹੀ ਜਹ ਜਾਤਾ॥੧॥ਰਹਾਉ॥		Bhoolehi Baarik Anik Lakh Bareeaa An Thour Naahee Jeh Jaathaa ||1|| Rehaao ||	The child is so foolish; it makes so many mistakes. But it has nowhere else to go. ||1||Pause||	ਬੱਚੇ ਅਨੇਕਾਂ ਵਾਰੀ ਲੱਖਾਂ ਵਾਰੀ ਭੁੱਲਾਂ ਕਰਦੇ ਹਨ (ਪਿਤਾ-ਪ੍ਰਭੂ ਤੋਂ ਬਿਨਾ ਉਹਨਾਂ ਦਾ ਕੋਈ) ਹੋਰ ਥਾਂ ਨਹੀਂ, ਜਿਥੇ ਉਹ ਜਾ ਸਕਣ ॥੧॥ ਰਹਾਉ ॥
54399	1266	ਚੰਚਲ ਮਤਿ ਬਾਰਿਕ ਬਪੁਰੇ ਕੀ ਸਰਪ ਅਗਨਿ ਕਰ ਮੇਲੈ॥		Chanchal Math Baarik Bapurae Kee Sarap Agan Kar Maelai ||	The mind of the poor child is fickle; he touches even snakes and fire.	ਵਿਚਾਰੇ ਬੱਚੇ ਦੀ ਅਕਲ ਹੋਛੀ ਹੁੰਦੀ ਹੈ, ਉਹ (ਜਦੋਂ ਮਾਂ ਪਿਉ ਤੋਂ ਪਰੇ ਹੁੰਦਾ ਹੈ ਤਦੋਂ) ਸੱਪ ਨੂੰ ਹੱਥ ਪਾਂਦਾ ਹੈ, ਅੱਗ ਨੂੰ ਹੱਥ ਪਾਂਦਾ ਹੈ (ਤੇ, ਦੁਖੀ ਹੁੰਦਾ ਹੈ)।
54400	1266	ਮਾਤਾ ਪਿਤਾ ਕੰਠਿ ਲਾਇ ਰਾਖੈ ਅਨਦ ਸਹਜਿ ਤਬ ਖੇਲੈ॥੨॥		Maathaa Pithaa Kanth Laae Raakhai Anadh Sehaj Thab Khaelai ||2||	His mother and father hug him close in their embrace, and so he plays in joy and bliss. ||2||	(ਪਰ ਜਦੋਂ ਉਸ ਨੂੰ) ਮਾਂ ਗਲ ਨਾਲ ਲਾ ਕੇ ਰੱਖਦੀ ਹੈ ਪਿਉ ਗਲ ਨਾਲ ਲਾ ਕੇ ਰੱਖਦਾ ਹੈ (ਭਾਵ, ਜਦੋਂ ਉਸ ਦੇ ਮਾਪੇ ਉਸ ਦਾ ਧਿਆਨ ਰੱਖਦੇ ਹਨ) ਤਦੋਂ ਉਹ ਅਨੰਦ ਨਾਲ ਬੇ-ਫ਼ਿਕਰੀ ਨਾਲ ਖੇਡਦਾ ਹੈ ॥੨॥
54401	1266	ਜਿਸ ਕਾ ਪਿਤਾ ਤੂਹੈ ਮੇਰੇ ਸੁਆਮੀ ਤਿਸੁ ਬਾਰਿਕ ਭੂਖ ਕੈਸੀ॥		Jis Kaa Pithaa Thoo Hai Maerae Suaamee This Baarik Bhookh Kaisee ||	What hunger can the child ever have, O my Lord and Master, when You are his Father?	ਹੇ ਮੇਰੇ ਮਾਲਕ-ਪ੍ਰਭੂ! ਜਿਸ (ਬੱਚੇ) ਦਾ ਤੂੰ ਪਿਤਾ (ਵਾਂਗ ਰਾਖਾ) ਹੈਂ, ਉਸ ਬੱਚੇ ਨੂੰ ਕੋਈ (ਮਾਇਕ) ਭੁੱਖ ਨਹੀਂ ਰਹਿ ਜਾਂਦੀ।

54402	1266	ਨਵ ਨਿਧਿ ਨਾਮੁ ਨਿਧਾਨੁ ਗ੍ਰਿਹਿ ਤੇਰੈ ਮਨਿ ਬਾਂਛੈ ਸੋ ਲੈਸੀ॥੩॥		Nav Nidhh Naam Nidhhaan Grihi Thaerai Man Baanshhai So Laisee ||3||	The treasure of the Naam and the nine treasures are in Your celestial household. You fulfill the desires of the mind. ||3||	ਤੇਰੇ ਘਰ ਵਿਚ ਤੇਰਾ ਨਾਮ-ਖ਼ਜ਼ਾਨਾ ਹੈ (ਇਹੀ ਹੈ) ਨੌ ਖ਼ਜ਼ਾਨੇ। ਉਹ ਜੋ ਕੁਝ ਆਪਣੇ ਮਨ ਵਿਚ (ਤੈਥੋਂ) ਮੰਗਦਾ ਹੈ, ਉਹ ਕੁਝ ਹਾਸਲ ਕਰ ਲੈਂਦਾ ਹੈ ॥੩॥
54403	1266	ਪਿਤਾ ਕ੍ਰਿਪਾਲਿ ਆਗਿਆ ਇਹ ਦੀਨੀ ਬਾਰਿਕੁ ਮੁਖਿ ਮਾਂਗੈ ਸੋ ਦੇਨਾ॥		Pithaa Kirapaal Aagiaa Eih Dheenee Baarik Mukh Maangai So Dhaenaa ||	My Merciful Father has issued this Command: whatever the child asks for, is put into his mouth.	ਕਿਰਪਾਲ ਪਿਤਾ-ਪ੍ਰਭੂ ਨੇ ਇਹ ਹੁਕਮ ਦੇ ਰੱਖਿਆ ਹੈ, ਕਿ ਬਾਲਕ ਜੋ ਕੁਝ ਮੰਗਦਾ ਹੈ ਉਹ ਉਸ ਨੂੰ ਦੇ ਦੇਣਾ ਹੈ।
54404	1266	ਨਾਨਕ ਬਾਰਿਕੁ ਦਰਸੁ ਪ੍ਰਭ ਚਾਹੈ ਮੋਹਿ ਹ੍ਰਿਦੈ ਬਸਹਿ ਨਿਤ ਚਰਨਾ॥੪॥੨॥		Naanak Baarik Dharas Prabh Chaahai Mohi Hridhai Basehi Nith Charanaa ||4||2||	Nanak, the child, longs for the Blessed Vision of God's Darshan. May His Feet always dwell within my heart. ||4||2||	ਹੇ ਪ੍ਰਭੂ! ਤੇਰਾ ਬੱਚਾ ਨਾਨਕ ਤੇਰਾ ਦਰਸਨ ਚਾਹੁੰਦਾ ਹੈ (ਤੇ, ਆਖਦਾ ਹੈ ਕਿ ਹੇ ਪ੍ਰਭੂ!) ਤੇਰੇ ਚਰਨ ਮੇਰੇ ਹਿਰਦੇ ਵਿਚ ਵੱਸਦੇ ਰਹਿਣ ॥੪॥੨॥
54405	1266	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	

54406	1266	ਸਗਲ ਬਿਧੀ ਜੁਰਿ ਆਹਰੁ ਕਰਿਆ ਤਜਿਓ ਸਗਲ ਅੰਦੇਸਾ॥	(ਆਹਰੁ) ਉਦਮ। ਬਿਧੀ: ਪੋਲਾ ਬੋਲੋ	Sagal Bidhhee Jur Aahar Kariaa Thajiou Sagal Andhaesaa ||	I tried everything, and gathered all devices together; I have discarded all my anxieties.	ਮੈਂ ਹੁਣ ਸਾਰੇ ਚਿੰਤਾ-ਫ਼ਿਕਰ ਮਿਟਾ ਦਿੱਤੇ ਹਨ, (ਹੁਣ ਮੈਨੂੰ ਇਉਂ ਜਾਪਦਾ ਹੈ ਕਿ ਸਫਲਤਾ ਦੇ) ਸਾਰੇ ਢੰਗਾਂ ਨੇ ਰਲ ਕੇ (ਮੇਰੀ ਹਰੇਕ ਸਫਲਤਾ ਵਾਸਤੇ) ਉੱਦਮ ਕੀਤਾ ਹੋਇਆ ਹੈ।
54407	1266	ਕਾਰਜੁ ਸਗਲ ਅਰੰਭਿਓ ਘਰ ਕਾ ਠਾਕੁਰ ਕਾ ਭਾਰੋਸਾ॥੧॥		Kaaraj Sagal Aranbhiou Ghar Kaa Thaakur Kaa Bhaarosaa ||1||	I have begun to set all my household affairs right; I have placed my faith in my Lord and Master. ||1||	ਹੇ ਸਖੀ! ਹੁਣ ਮੈਂ ਆਤਮਕ ਜੀਵਨ ਨੂੰ ਚੰਗਾ ਬਣਾਣ ਦਾ ਸਾਰਾ ਕੰਮ ਸ਼ੁਰੂ ਕਰ ਦਿੱਤਾ ਹੈ, ਮੈਨੂੰ ਹੁਣ ਮਾਲਕ-ਪ੍ਰਭੂ ਦਾ (ਹਰ ਵੇਲੇ) ਸਹਾਰਾ ਹੈ ॥੧॥
54408	1266	ਸੁਨੀਐ ਬਾਜੈ ਬਾਜ ਸੁਹਾਵੀ॥		Suneeai Baajai Baaj Suhaavee ||	I listen to the celestial vibrations resonating and resounding.	ਜਿਵੇਂ ਕਿ ਅੰਦਰ) ਕੰਨਾਂ ਨੂੰ ਸੋਹਣੀ ਲੱਗਣ ਵਾਲੀ (ਕਿਸੇ) ਵਾਜੇ ਦੀ ਅਵਾਜ਼ ਸੁਣੀ ਜਾ ਰਹੀ ਹੈ (ਮੇਰੇ ਅੰਦਰ ਇਹੋ ਜਿਹਾ ਆਨੰਦ ਬਣ ਗਿਆ ਹੈ)।
54409	1266	ਭੋਰੁ ਭਇਆ ਮੈ ਪ੍ਰਿਅ ਮੁਖ ਪੇਖੇ ਗ੍ਰਿਹਿ ਮੰਗਲ ਸੁਹਲਾਵੀ॥੧॥ਰਹਾਉ ॥	(ਸੁਹਲਾਵੀ) ਸੁਖਾਂਵਾਲੀ	Bhor Bhaeiaa Mai Pria Mukh Paekhae Grihi Mangal Suhalaavee ||1|| Rehaao ||	Sunrise has come, and I gaze upon the Face of my Beloved. My household is filled with peace and pleasure. ||1||Pause||	ਹੇ ਸਖੀ! ਜਦੋਂ ਮੈਂ ਪਿਆਰੇ ਪ੍ਰਭੂ ਜੀ ਦਾ ਮੂੰਹ ਵੇਖ ਲਿਆ (ਦਰਸਨ ਕੀਤਾ), ਮੇਰੇ ਹਿਰਦੇ-ਘਰ ਵਿਚ ਆਨੰਦ ਹੀ ਆਨੰਦ ਬਣ ਗਿਆ, ਮੇਰੇ ਅੰਦਰ ਸ਼ਾਂਤੀ ਪੈਦਾ ਹੋ ਗਈ, ਮੇਰੇ ਅੰਦਰ (ਆਤਮਕ ਜੀਵਨ ਦੀ ਸੂਝ ਦਾ) ਦਿਨ ਚੜ੍ਹ ਪਿਆ ਹੈ ॥੧॥ ਰਹਾਉ ॥

54410	1266	ਮਨੂਆ ਲਾਇ ਸਵਾਰੇ ਥਾਨਾਂ ਪੂਛਉ ਸੰਤਾ ਜਾਏ॥	ਸੰਤਾਂ	Manooaa Laae Savaarae Thhaanaan Pooshho Santhaa Jaaeae ||	I focus my mind, and embellish and adorn the place within; then I go out to speak with the Saints.	ਹੇ ਸਖੀ! ਪੂਰੇ ਧਿਆਨ ਨਾਲ ਮੈਂ ਆਪਣੇ ਸਾਰੇ ਇੰਦ੍ਰਿਆਂ ਨੂੰ ਸੋਹਣਾ ਬਣਾ ਲਿਆ ਹੈ। ਮੈਂ ਸੰਤਾਂ ਪਾਸੋਂ ਜਾ ਕੇ (ਪ੍ਰਭੂ-ਪਤੀ ਦੇ ਮਿਲਾਪ ਦੀਆਂ ਗੱਲਾਂ) ਪੁੱਛਦੀ ਰਹਿੰਦੀ ਹਾਂ।
54411	1266	ਖੋਜਤ ਖੋਜਤ ਮੈ ਪਾਹੁਨ ਮਿਲਿਓ ਭਗਤਿ ਕਰਉ ਨਿਵਿ ਪਾਏ॥੨॥		Khojath Khojath Mai Paahun Miliou Bhagath Karo Niv Paaeae ||2||	Seeking and searching, I have found my Husband Lord; I bow at His Feet and worship Him with devotion. ||2||	ਭਾਲ ਕਰਦਿਆਂ ਕਰਦਿਆਂ ਮੈਨੂੰ ਪ੍ਰਭੂ-ਪਤੀ ਮਿਲ ਪਿਆ ਹੈ। ਹੁਣ ਮੈਂ ਉਸ ਦੇ ਚਰਨਾਂ ਤੇ ਢਹਿ ਕੇ ਉਸ ਦੀ ਭਗਤੀ ਕਰਦੀ ਰਹਿੰਦੀ ਹਾਂ ॥੨॥
54412	1267	ਜਬ ਪ੍ਰਿਅ ਆਇ ਬਸੇ ਗ੍ਰਿਹਿ ਆਸਨਿ ਤਬ ਹਮ ਮੰਗਲੁ ਗਾਇਆ॥	ਗ੍ਰਿ ਹਿ	Jab Pria Aae Basae Grihi Aasan Thab Ham Mangal Gaaeiaa ||	When my Beloved came to live in my house, I began to sing the songs of bliss.	ਹੇ ਸਖੀ! ਜਦੋਂ ਤੋਂ ਪਿਆਰੇ ਪ੍ਰਭੂ ਜੀ ਮੇਰੇ ਹਿਰਦੇ-ਘਰ ਵਿਚ ਆ ਵੱਸੇ ਹਨ, ਮੇਰੇ ਹਿਰਦੇ-ਤਖ਼ਤ ਉੱਤੇ ਆ ਬੈਠੇ ਹਨ, ਤਦੋਂ ਤੋਂ ਮੈਂ ਉਸੇ ਦੀ ਸਿਫ਼ਤ-ਸਾਲਾਹ ਦੇ ਗੀਤ ਗਾਂਦੀ ਹਾਂ।
54413	1267	ਮੀਤ ਸਾਜਨ ਮੇਰੇ ਭਏ ਸੁਹੇਲੇ ਪ੍ਰਭੁ ਪੂਰਾ ਗੁਰੂ ਮਿਲਾਇਆ॥੩॥		Meeth Saajan Maerae Bheae Suhaelae Prabh Pooraa Guroo Milaaeiaa ||3||	My friends and companions are happy; God leads me to meet the Perfect Guru. ||3||	ਗੁਰੂ ਨੇ ਮੈਨੂੰ ਪੂਰਨ ਪ੍ਰਭੂ ਮਿਲਾ ਦਿੱਤਾ ਹੈ, ਮੇਰੇ ਇੰਦ੍ਰੇ ਸੌਖੇ (ਸ਼ਾਂਤ) ਹੋ ਗਏ ਹਨ ॥੩॥

54414	1267	ਸਖੀ ਸਹੇਲੀ ਭਏ ਅਨੰਦਾ ਗੁਰਿ ਕਾਰਜ ਹਮਰੇ ਪੂਰੇ॥		Sakhee Sehaelee Bheae Anandhaa Gur Kaaraj Hamarae Poorae ||	My friends and companions are in ecstasy; the Guru has completed all my projects.	ਗੁਰੂ ਨੇ ਮੇਰੇ ਸਾਰੇ ਕੰਮ ਸਵਾਰ ਦਿੱਤੇ ਹਨ, ਮੇਰੀਆਂ ਸਾਰੀਆਂ ਇੰਦ੍ਰੀਆਂ ਨੂੰ ਆਨੰਦ ਪ੍ਰਾਪਤ ਹੋ ਗਿਆ ਹੈ।
54415	1267	ਕਹੁ ਨਾਨਕ ਵਰੁ ਮਿਲਿਆ ਸੁਖਦਾਤਾ ਛੋਡਿ ਨ ਜਾਈ ਦੂਰੇ॥੪॥੩॥		Kahu Naanak Var Miliaa Sukhadhaathaa Shhodd N Jaaee Dhoorae ||4||3||	Says Nanak, I have met my Husband, the Giver of peace; He shall never leave me and go away. ||4||3||	ਨਾਨਕ ਆਖਦਾ ਹੈ- (ਹੇ ਸਖੀ!) ਸਾਰੇ ਸੁਖ ਦੇਣ ਵਾਲਾ ਪ੍ਰਭੂ-ਪਤੀ ਮੈਨੂੰ ਮਿਲ ਪਿਆ ਹੈ। ਹੁਣ ਉਹ ਮੈਨੂੰ ਛੱਡ ਕੇ ਕਿਤੇ ਦੂਰ ਨਹੀਂ ਜਾਂਦਾ ॥੪॥੩॥
54416	1267	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54417	1267	ਰਾਜ ਤੇ ਕੀਟ ਕੀਟ ਤੇ ਸੁਰਪਤਿ ਕਰਿ ਦੋਖ ਜਠਰ ਕਉ ਭਰਤੇ॥	(ਸੁਰਪਤਿ) ਇੰਦ੍ਰ। (ਜਠਰ) ਪੇਟ	Raaj Thae Keett Keett Thae Surapath Kar Dhokh Jathar Ko Bharathae ||	From a king to a worm, and from a worm to the lord of gods, they engage in evil to fill their bellies.	ਰਾਜਿਆਂ ਤੋਂ ਲੈ ਕੇ ਕੀੜਿਆਂ ਤਕ, ਕੀੜਿਆਂ ਤੋਂ ਲੈ ਕੇ ਇੰਦ੍ਰ ਦੇਵਤੇ ਤਕ (ਕੋਈ ਭੀ ਹੋਵੇ) ਪਾਪ ਕਰ ਕੇ (ਸਾਰੇ) ਗਰਭ-ਜੂਨ ਵਿਚ ਪੈਂਦੇ ਹਨ (ਕਿਸੇ ਦਾ ਲਿਹਾਜ਼ ਨਹੀਂ ਹੋ ਸਕਦਾ)।
54418	1267	ਕ੍ਰਿਪਾਨਿਧਿ ਛੋਡਿ ਆਨ ਕਉ ਪੂਜਹਿ ਆਤਮਘਾਤੀ ਹਰਤੇ॥੧॥	(ਹਰਤੇ) ਨਾਸ ਹੁੰਦੇ ਹਨ। ਆਤਮ-ਘਾਤੀ। (ਦੂਜਾ ਪਾਠ: ਹਰ ਤੇ)	Kirapaa Nidhh Shhodd Aan Ko Poojehi Aatham Ghaathee Harathae ||1||	They renounce the Lord, the Ocean of Mercy, and worship some other; they are thieves and killers of the soul. ||1||	ਜਿਹੜੇ ਭੀ ਪ੍ਰਾਣੀ ਦਇਆ-ਦੇ-ਸਮੁੰਦਰ ਪ੍ਰਭੂ ਨੂੰ ਛੱਡ ਕੇ ਹੋਰ ਹੋਰ ਨੂੰ ਪੂਜਦੇ ਹਨ, ਉਹ ਰੱਬ ਦੇ ਚੋਰ ਹਨ ਉਹ ਆਪਣੇ ਆਤਮਾ ਦਾ ਘਾਤ ਕਰਦੇ ਹਨ ॥੧॥

54419	1267	ਹਰਿ ਬਿਸਰਤ ਤੇ ਦੁਖਿ ਦੁਖਿ ਮਰਤੇ॥		Har Bisarath Thae Dhukh Dhukh Marathae ||	Forgetting the Lord, they suffer in sorrow and die.	ਜਿਹੜੇ ਮਨੁੱਖ ਪਰਮਾਤਮਾ ਨੂੰ ਭੁਲਾਂਦੇ ਹਨ ਉਹ ਦੁਖੀ ਹੋ ਹੋ ਕੇ ਆਤਮਕ ਮੌਤ ਸਹੇੜਦੇ ਰਹਿੰਦੇ ਹਨ।
54420	1267	ਅਨਿਕ ਬਾਰ ਭ੍ਰਮਹਿ ਬਹੁ ਜੋਨੀ ਟੇਕ ਨ ਕਾਹੂ ਧਰਤੇ॥੧॥ਰਹਾਉ॥		Anik Baar Bhramehi Bahu Jonee Ttaek N Kaahoo Dhharathae ||1|| Rehaao ||	They wander lost in reincarnation through all sorts of species; they do not find shelter anywhere. ||1||Pause||	ਉਹ ਮਨੁੱਖ ਅਨੇਕਾਂ ਵਾਰੀ ਕਈ ਜੂਨਾਂ ਵਿਚ ਭਟਕਦੇ ਫਿਰਦੇ ਹਨ, (ਇਸ ਗੇੜ ਵਿਚੋਂ ਬਚਣ ਲਈ) ਉਹ ਕਿਸੇ ਦਾ ਭੀ ਆਸਰਾ ਪ੍ਰਾਪਤ ਨਹੀਂ ਕਰ ਸਕਦੇ ॥੧॥ ਰਹਾਉ ॥
54421	1267	ਤਿਆਗਿ ਸੁਆਮੀ ਆਨ ਕਉ ਚਿਤਵਤ ਮੂੜ ਮੁਗਧ ਖਲ ਖਰ ਤੇ॥		Thiaag Suaamee Aan Ko Chithavath Moorr Mugadhh Khal Khar Thae ||	Those who abandon their Lord and Master and think of some other, are foolish, stupid, idiotic donkeys.	ਮਾਲਕ ਪ੍ਰਭੂ ਨੂੰ ਛੱਡ ਕੇ ਜਿਹੜੇ ਕਿਸੇ ਹੋਰ ਨੂੰ ਮਨ ਵਿਚ ਵਸਾਂਦੇ ਹਨ ਉਹ ਮੂਰਖ ਹਨ ਉਹ ਖੋਤੇ ਹਨ।
54422	1267	ਕਾਗਰ ਨਾਵ ਲੰਘਹਿ ਕਤ ਸਾਗਰੁ ਬ੍ਰਿਥਾ ਕਥਤ ਹਮ ਤਰਤੇ॥੨॥	(ਨਾਵ) ਬੇੜੀ (ਕੱਾਗਰ) ਕਾਗ਼ਜ਼ਾਂ ਦੀ	Kaagar Naav Langhehi Kath Saagar Brithhaa Kathhath Ham Tharathae ||2||	How can they cross over the ocean in a paper boat? Their eogtistical boasts that they will cross over are meaningless. ||2||	(ਪ੍ਰਭੂ ਤੋਂ ਬਿਨਾ ਹੋਰ ਹੋਰ ਦੀ ਪੂਜਾ ਕਾਗ਼ਜ਼ ਦੀ ਬੇੜੀ ਵਿਚ ਚੜ੍ਹ ਕੇ ਸਮੁੰਦਰੋਂ ਪਾਰ ਲੰਘਣ ਦੇ ਜਤਨ ਸਮਾਨ ਹਨ) ਕਾਗ਼ਜ਼ ਦੀ ਬੇੜੀ ਤੇ (ਚੜ੍ਹ ਕੇ) ਕਿਵੇਂ ਸਮੁੰਦਰ ਤੋਂ ਪਾਰ ਲੰਘ ਸਕਦੇ ਹਨ? ਉਹ ਵਿਅਰਥ ਹੀ ਆਖਦੇ ਹਨ ਕਿ ਅਸੀਂ ਪਾਰ ਲੰਘ ਰਹੇ ਹਾਂ ॥੨॥

54423	1267	ਸਿਵ ਬਿਰੰਚਿ ਅਸੁਰ ਸੁਰ ਜੇਤੇ ਕਾਲ ਅਗਨਿ ਮਹਿ ਜਰਤੇ॥	ਅ-ਸੁਰ	Siv Biranch Asur Sur Jaethae Kaal Agan Mehi Jarathae ||	Shiva, Brahma, angels and demons, all burn in the fire of death.	ਸ਼ਿਵ, ਬ੍ਰਹਮਾ, ਦੈਂਤ, ਦੇਵਤੇ- ਇਹ ਜਿਤਨੇ ਭੀ ਹਨ (ਪਰਮਾਤਮਾ ਦਾ ਨਾਮ ਭੁਲਾ ਕੇ ਸਭ) ਆਤਮਕ ਮੌਤ ਦੀ ਅੱਗ ਵਿਚ ਸੜਦੇ ਹਨ (ਕਿਸੇ ਦਾ ਭੀ ਲਿਹਾਜ਼ ਨਹੀਂ ਹੁੰਦਾ)।
54424	1267	ਨਾਨਕ ਸਰਨਿ ਚਰਨਕਮਲਨ ਕੀ ਤੁਮ੍ ਨ ਡਾਰਹੁ ਪ੍ਰਭ ਕਰਤੇ॥੩॥੪॥		Naanak Saran Charan Kamalan Kee Thumh N Ddaarahu Prabh Karathae ||3||4||	Nanak seeks the Sanctuary of the Lord's Lotus Feet; O God, Creator, please do not send me into exile. ||3||4||	ਪ੍ਰਭੂ-ਦਰ ਤੇ ਅਰਦਾਸ ਕਰਦੇ ਰਹੋ-ਹੇ ਪ੍ਰਭੂ! ਤੇਰੇ ਕੌਲ ਫੁੱਲ ਵਰਗੇ ਸੋਹਣੇ ਚਰਨਾਂ ਦੀ ਸਰਨ ਵਿੱਚ ਪਏ ਨਾਨਕ ਨੂੰ ਪਰੇ ਨਾਹ ਹਟਾਵੋ ॥੩॥੪॥
54425	1267	ਰਾਗੁ ਮਲਾਰ ਮਹਲਾ ੫ ਦੁਪਦੇ ਘਰੁ ੧		Raag Malaar Mehalaa 5 Dhupadhae Ghar 1	Raag Malaar, Fifth Mehl, Du-Padas, First House:	ਰਾਗ ਮਲਾਰ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਦੋ-ਬੰਦਾਂ ਵਾਲੀ ਬਾਣੀ।
54426	1267	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
54427	1267	ਪ੍ਰਭ ਮੇਰੇ ਓਇ ਬੈਰਾਗੀ ਤਿਆਗੀ॥		Prabh Maerae Oue Bairaagee Thiaagee ||	My God is detached and free of desire.	ਜਿਹੜੇ ਮਨੁੱਖ ਮੇਰੇ ਪ੍ਰਭੂ ਦੇ ਪ੍ਰੀਤਵਾਨ ਹੁੰਦੇ ਹਨ ਉਹ ਮਾਇਆ ਦੇ ਮੋਹ ਤੋਂ ਬਚੇ ਰਹਿੰਦੇ ਹਨ।

54428	1267	ਹਉ ਇਕੁ ਖਿਨੁ ਤਿਸੁ ਬਿਨੁ ਰਹਿ ਨ ਸਕਉ ਪ੍ਰੀਤਿ ਹਮਾਰੀ ਲਾਗੀ॥੧॥ਰਹਾਉ॥		Ho Eik Khin This Bin Rehi N Sako Preeth Hamaaree Laagee ||1|| Rehaao ||	I cannot survive without Him, even for an instant. I am so in love with Him. ||1||Pause||	(ਉਹਨਾਂ ਦੀ ਕਿਰਪਾ ਨਾਲ) ਮੈਂ (ਭੀ) ਉਸ ਪ੍ਰਭੂ (ਦੀ ਯਾਦ) ਤੋਂ ਬਿਨਾ ਇਕ ਖਿਨ ਭਰ ਭੀ ਨਹੀਂ ਰਹਿ ਸਕਦਾ। ਮੇਰੀ (ਭੀ ਉਸ ਪ੍ਰਭੂ ਨਾਲ) ਪ੍ਰੀਤ ਲੱਗੀ ਹੋਈ ਹੈ ॥੧॥ ਰਹਾਉ ॥
54429	1267	ਉਨ ਕੈ ਸੰਗਿ ਮੋਹਿ ਪ੍ਰਭੁ ਚਿਤਿ ਆਵੈ ਸੰਤ ਪ੍ਰਸਾਦਿ ਮੋਹਿ ਜਾਗੀ॥		Oun Kai Sang Mohi Prabh Chith Aavai Santh Prasaadh Mohi Jaagee ||	Associating with the Saints, God has come into my consciousness. By their Grace, I have been awakened.	(ਪ੍ਰਭੂ ਦੇ ਪ੍ਰੀਤਵਾਨ) ਉਹਨਾਂ (ਸੰਤ ਜਨਾਂ) ਦੀ ਸੰਗਤ ਵਿਚ (ਰਹਿ ਕੇ) ਮੇਰੇ ਚਿੱਤ ਵਿਚ ਪਰਮਾਤਮਾ ਆ ਵੱਸਦਾ ਹੈ। ਸੰਤ ਜਨਾਂ ਦੀ ਕਿਰਪਾ ਨਾਲ ਮੈਨੂੰ (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਜਾਗ ਆ ਗਈ ਹੈ।
54430	1267	ਸੁਨਿ ਉਪਦੇਸੁ ਭਏ ਮਨ ਨਿਰਮਲ ਗੁਨ ਗਾਏ ਰੰਗਿ ਰਾਂਗੀ॥੧॥		Sun Oupadhaes Bheae Man Niramal Gun Gaaeae Rang Raangee ||1||	Hearing the Teachings, my mind has become immaculate. Imbued with the Lord's Love, I sing His Glorious Praises. ||1||	(ਉਹਨਾਂ ਦਾ) ਉਪਦੇਸ਼ ਸੁਣ ਕੇ ਮਨ ਪਵਿੱਤਰ ਹੋ ਜਾਂਦੇ ਹਨ (ਪ੍ਰਭੂ ਦੇ ਪ੍ਰੇਮ) ਰੰਗ ਵਿਚ ਰੰਗੀਜ ਕੇ (ਮਨੁੱਖ ਪ੍ਰਭੂ ਦੇ) ਗੁਣ ਗਾਣ ਲੱਗ ਪੈਂਦੇ ਹਨ ॥੧॥
54431	1267	ਇਹੁ ਮਨੁ ਦੇਇ ਕੀਏ ਸੰਤ ਮੀਤਾ ਕ੍ਰਿਪਾਲ ਭਏ ਬਡਭਾਗੀ॥		Eihu Man Dhaee Keeeae Santh Meethaa Kirapaal Bheae Baddabhaaganaee ||	Dedicating this mind, I have made friends with the Saints. They have become merciful to me; I am very fortunate.	(ਆਪਣਾ) ਇਹ ਮਨ ਹਵਾਲੇ ਕਰ ਕੇ ਸੰਤ ਜਨਾਂ ਨੂੰ ਮਿੱਤਰ ਬਣਾ ਸਕੀਦਾ ਹੈ, (ਸੰਤ ਜਨ) ਵੱਡੇ ਭਾਗਾਂ ਵਾਲਿਆਂ ਉੱਤੇ ਦਇਆਵਾਨ ਹੋ ਜਾਂਦੇ ਹਨ।

54432	1267	ਮਹਾ ਸੁਖੁ ਪਾਇਆ ਬਰਨਿ ਨ ਸਾਕਉ ਰੇਨੁ ਨਾਨਕ ਜਨ ਪਾਗੀ॥੨॥੧॥੫॥	ਪਾਗੀਂ	Mehaa Sukh Paaeiaa Baran N Saako Raen Naanak Jan Paagee ||2||1||5||	I have found absolute peace - I cannot describe it. Nanak has obtained the dust of the feet of the humble. ||2||1||5||	ਹੇ ਨਾਨਕ! ਮੈਂ ਸੰਤ ਜਨਾਂ ਦੇ ਚਰਨਾਂ ਦੀ ਧੂੜ (ਸਦਾ ਮੰਗਦਾ ਹਾਂ। ਸੰਤ ਜਨਾਂ ਦੀ ਕਿਰਪਾ ਨਾਲ) ਮੈਂ ਇਤਨਾ ਮਹਾਨ ਅਨੰਦ ਪ੍ਰਾਪਤ ਕੀਤਾ ਹੈ ਕਿ ਮੈਂ ਉਸ ਨੂੰ ਬਿਆਨ ਨਹੀਂ ਕਰ ਸਕਦਾ ॥੨॥੧॥੫॥
54433	1267	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54434	1267	ਮਾਈ ਮੋਹਿ ਪ੍ਰੀਤਮੁ ਦੇਹੁ ਮਿਲਾਈ॥		Maaee Mohi Preetham Dhaehu Milaaee ||	O mother, please lead me to union with my Beloved.	ਹੇ ਮਾਂ! ਮੈਨੂੰ (ਭੀ) ਪ੍ਰੀਤਮ ਪ੍ਰਭੂ ਮਿਲਾ ਦੇ।
54435	1267	ਸਗਲ ਸਹੇਲੀ ਸੁਖ ਭਰਿ ਸੂਤੀ ਜਿਹ ਘਰਿ ਲਾਲੁ ਬਸਾਈ॥੧॥ਰਹਾਉ॥		Sagal Sehaelee Sukh Bhar Soothee Jih Ghar Laal Basaaee ||1|| Rehaao ||	All my friends and companions sleep totally in peace; their Beloved Lord has come into the homes of their hearts. ||1||Pause||	ਜਿਨ੍ਹਾਂ (ਸੰਤ-ਜਨ-ਸਹੇਲੀਆਂ) ਦੇ (ਹਿਰਦੇ) ਘਰ ਵਿਚ ਸੋਹਣਾ ਪ੍ਰਭੂ ਆ ਵੱਸਦਾ ਹੈ ਉਹ ਸਾਰੀਆਂ ਸਹੇਲੀਆਂ ਆਤਮਕ ਆਨੰਦ ਵਿਚ ਮਗਨ ਰਹਿੰਦੀਆਂ ਹਨ ॥੧॥ ਰਹਾਉ ॥
54436	1267	ਮੋਹਿ ਅਵਗਨ ਪ੍ਰਭੁ ਸਦਾ ਦਇਆਲਾ ਮੋਹਿ ਨਿਰਗੁਨ ਕਿਆ ਚਤੁਰਾਈ॥		Mohi Avagan Prabh Sadhaa Dhaeiaalaa Mohi Niragun Kiaa Chathuraaee ||	I am worthless; God is forever Merciful. I am unworthy; what clever tricks could I try?	ਹੇ ਮਾਂ! ਮੇਰੇ ਵਿਚ ਨਿਰੇ ਔਗੁਣ ਹਨ (ਫਿਰ ਭੀ ਉਹ) ਪ੍ਰਭੂ ਸਦਾ ਦਇਆਵਾਨ (ਰਹਿੰਦਾ) ਹੈ। ਮੈਂ ਗੁਣ-ਹੀਨ ਵਿਚ ਕੋਈ ਅਜਿਹੀ ਸਿਆਣਪ ਨਹੀਂ (ਕਿ ਉਸ ਪ੍ਰਭੂ ਨੂੰ ਮਿਲ ਸਕਾਂ,

54437	1267	ਕਰਉ ਬਰਾਬਰਿ ਜੋ ਪ੍ਰਿਅ ਸੰਗਿ ਰਾਤੀ ਇਹ ਹਉਮੈ ਕੀ ਢੀਠਾਈ॥੧॥		Karo Baraabar Jo Pria Sang Raathanaee Eih Houmai Kee Dteethaaee ||1||	I claim to be on a par with those who are imbued with the Love of their Beloved. This is my stubborn egotism. ||1||	ਪਰ ਜ਼ਬਾਨੀ ਫੜਾਂ ਮਾਰ ਕੇ) ਮੈਂ ਉਹਨਾਂ ਦੀ ਬਰਾਬਰੀ ਕਰਦੀ ਹਾਂ, ਜਿਹੜੀਆਂ ਪਿਆਰੇ (ਪ੍ਰਭੂ) ਨਾਲ ਰੱਤੀਆਂ ਹੋਈਆਂ ਹਨ- ਇਹ ਤਾਂ ਮੇਰੀ ਹਉਮੈ ਦੀ ਢੀਠਤਾ ਹੀ ਹੈ ॥੧॥
54438	1267	ਭਈ ਨਿਮਾਣੀ ਸਰਨਿ ਇਕ ਤਾਕੀ ਗੁਰ ਸਤਿਗੁਰ ਪੁਰਖ ਸੁਖਦਾਈ॥	ਤਾੱਕੀ	Bhee Nimaanee Saran Eik Thaakee Gur Sathigur Purakh Sukhadhaaee ||	I am dishonored - I seek the Sanctuary of the One, the Guru, the True Guru, the Primal Being, the Giver of peace.	ਨਾਨਕ ਆਖਦਾ ਹੈ (ਹੇ ਮਾਂ! ਹੁਣ) ਮੈਂ ਮਾਣ ਛੱਡ ਦਿੱਤਾ ਹੈ, ਮੈਂ ਸਿਰਫ਼ ਸੁਖਦਾਤੇ ਗੁਰੂ ਸਤਿਗੁਰ ਪੁਰਖ ਦੀ ਸ਼ਰਨ ਤੱਕ ਲਈ ਹੈ।
54439	1267	ਏਕ ਨਿਮਖ ਮਹਿ ਮੇਰਾ ਸਭੁ ਦੁਖੁ ਕਾਟਿਆ ਨਾਨਕ ਸੁਖਿ ਰੈਨਿ ਬਿਹਾਈ॥੨॥੨॥੬॥		Eaek Nimakh Mehi Maeraa Sabh Dhukh Kaattiaa Naanak Sukh Rain Bihaaee ||2||2||6||	In an instant, all my pains have been taken away; Nanak passes the night of his life in peace. ||2||2||6||	(ਉਸ ਗੁਰੂ ਨੇ) ਅੱਖ ਝਮਕਣ ਜਿਤਨੇ ਸਮੇ ਵਿਚ ਹੀ ਮੇਰਾ ਸਾਰਾ ਦੁੱਖ ਕੱਟ ਦਿੱਤਾ ਹੈ, (ਹੁਣ) ਮੇਰੀ (ਜ਼ਿੰਦਗੀ ਦੀ) ਰਾਤ ਆਨੰਦ ਵਿਚ ਬੀਤ ਰਹੀ ਹੈ ॥੨॥੨॥੬॥
54440	1267	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	

54441	1267	ਬਰਸੁ ਮੇਘ ਜੀ ਤਿਲੁ ਬਿਲਮੁ ਨ ਲਾਉ॥	ਸਤਿਗੁਰੂ ਰੂਪ (ਮੇਘ) ਬੱਦਲ	Baras Maegh Jee Thil Bilam N Laao ||	Rain down, O cloud; do not delay.	ਹੇ ਨਾਮ-ਜਲ ਦੇ ਭੰਡਾਰ ਸਤਿਗੁਰੂ ਜੀ! (ਮੇਰੇ ਹਿਰਦੇ ਵਿਚ ਨਾਮ-ਜਲ ਦੀ) ਵਰਖਾ ਕਰ। ਰਤਾ ਭੀ ਢਿੱਲ ਨਾਹ ਕਰ।
54442	1267	ਬਰਸੁ ਪਿਆਰੇ ਮਨਹਿ ਸਧਾਰੇ ਹੋਇ ਅਨਦੁ ਸਦਾ ਮਨਿ ਚਾਉ॥੧॥ਰਹਾਉ॥		Baras Piaarae Manehi Sadhhaarae Hoe Anadh Sadhaa Man Chaao ||1|| Rehaao ||	O beloved cloud, O support of the mind, you bring lasting bliss and joy to the mind. ||1||Pause||	ਹੇ ਪਿਆਰੇ ਗੁਰੂ! ਹੇ ਮੇਰੇ ਮਨ ਨੂੰ ਸਹਾਰਾ ਦੇਣ ਵਾਲੇ ਗੁਰੂ! (ਨਾਮ-ਜਲ ਦੀ) ਵਰਖਾ ਕਰ। (ਇਸ ਵਰਖਾ ਨਾਲ) ਮੇਰੇ ਮਨ ਵਿਚ ਸਦਾ ਖ਼ੁਸ਼ੀ ਹੁੰਦੀ ਹੈ ਸਦਾ ਆਨੰਦ ਪੈਦਾ ਹੁੰਦਾ ਹੈ ॥੧॥ ਰਹਾਉ ॥
54443	1267	ਹਮ ਤੇਰੀ ਧਰ ਸੁਆਮੀਆ ਮੇਰੇ ਤੂ ਕਿਉ ਮਨਹੁ ਬਿਸਾਰੇ॥		Ham Thaeree Dhhar Suaameeaa Maerae Thoo Kio Manahu Bisaarae ||	I take to Your Support, O my Lord and Master; how could You forget me?	ਹੇ ਮੇਰੇ ਸੁਆਮੀ ਪ੍ਰਭੂ! ਮੈਨੂੰ ਤੇਰਾ ਹੀ ਆਸਰਾ ਹੈ, ਤੂੰ ਮੈਨੂੰ ਆਪਣੇ ਮਨ ਤੋਂ ਨਾਹ ਵਿਸਾਰ।
54444	1268	ਇਸਤ੍ਰੀ ਰੂਪ ਚੇਰੀ ਕੀ ਨਿਆਈ ਸੋਭ ਨਹੀ ਬਿਨੁ ਭਰਤਾਰੇ॥੧॥		Eisathree Roop Chaeree Kee Niaaee Sobh Nehee Bin Bharathaarae ||1||	I am Your beautiful bride, Your servant and slave. I have no nobility without my Husband Lord. ||1||	ਮੈਂ ਤਾਂ ਇਸਤ੍ਰੀ ਵਾਂਗ (ਨਿਰਬਲ) ਹਾਂ, ਦਾਸੀ ਵਾਂਗ (ਕਮਜ਼ੋਰ) ਹਾਂ। (ਇਸਤਰੀ) ਪਤੀ ਤੋਂ ਬਿਨਾ ਸੋਭਾ ਨਹੀਂ ਪਾਂਦੀ, (ਦਾਸੀ) ਮਾਲਕ ਤੋਂ ਬਿਨਾ ਸੋਭਾ ਨਹੀਂ ਪਾਂਦੀ ॥੧॥

54445	1268	ਬਿਨਉ ਸੁਨਿਓ ਜਬ ਠਾਕੁਰ ਮੇਰੈ ਬੇਗਿ ਆਇਓ ਕਿਰਪਾ ਧਾਰੇ॥		Bino Suniou Jab Thaakur Maerai Baeg Aaeiou Kirapaa Dhhaarae ||	When my Lord and Master listened to my prayer, He hurried to shower me with His Mercy.	(ਹੇ ਸਖੀ!) ਜਦੋਂ ਮੇਰੇ ਮਾਲਕ ਪ੍ਰਭੂ ਨੇ (ਮੇਰੀ ਇਹ) ਬੇਨਤੀ ਸੁਣੀ, ਤਾਂ ਮਿਹਰ ਕਰ ਕੇ ਉਹ ਛੇਤੀ (ਮੇਰੇ ਹਿਰਦੇ ਵਿਚ) ਆ ਵੱਸਿਆ।
54446	1268	ਕਹੁ ਨਾਨਕ ਮੇਰੋ ਬਨਿਓ ਸੁਹਾਗੋ ਪਤਿ ਸੋਭਾ ਭਲੇ ਅਚਾਰੇ॥੨॥੩॥੭॥		Kahu Naanak Maero Baniou Suhaago Path Sobhaa Bhalae Achaarae ||2||3||7||	Says Nanak, I have become just like my Husband Lord; I am blessed with honor, nobility and the lifestyle of goodness. ||2||3||7||	ਨਾਨਕ ਆਖਦਾ ਹੈ- ਹੁਣ ਮੇਰੀ ਸੁਭਾਗਤਾ ਬਣ ਗਈ ਹੈ, ਮੈਨੂੰ ਇੱਜ਼ਤ ਮਿਲ ਗਈ ਹੈ, ਮੈਨੂੰ ਸੋਭਾ ਮਿਲ ਗਈ ਹੈ, ਮੇਰੀ ਭਲੀ ਕਰਣੀ ਹੋ ਗਈ ਹੈ ॥੨॥੩॥੭॥
54447	1268	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54448	1268	ਪ੍ਰੀਤਮ ਸਾਚਾ ਨਾਮੁ ਧਿਆਇ॥		Preetham Saachaa Naam Dhhiaae ||	Meditate on the True Name of your Beloved.	ਪਿਆਰੇ ਪ੍ਰਭੂ ਦਾ ਸਦਾ ਕਾਇਮ ਰਹਿਣ ਵਾਲਾ ਨਾਮ ਸਿਮਰਿਆ ਕਰ।
54449	1268	ਦੂਖ ਦਰਦ ਬਿਨਸੈ ਭਵ ਸਾਗਰੁ ਗੁਰ ਕੀ ਮੂਰਤਿ ਰਿਦੈ ਬਸਾਇ॥੧॥ਰਹਾਉ॥		Dhookh Dharadh Binasai Bhav Saagar Gur Kee Moorath Ridhai Basaae ||1|| Rehaao ||	The pains and sorrows of the terrifying world-ocean are dispelled, by enshrining the Image of the Guru within your heart. ||1||Pause||	ਗੁਰੂ ਦਾ ਸ਼ਬਦ (ਆਪਣੇ) ਹਿਰਦੇ ਵਿਚ ਵਸਾਈ ਰੱਖ। (ਜਿਹੜਾ ਮਨੁੱਖ ਇਹ ਉੱਦਮ ਕਰਦਾ ਹੈ, ਉਸ ਦੇ ਵਾਸਤੇ) ਦੁੱਖਾਂ ਕਲੇਸ਼ਾਂ ਨਾਲ ਭਰਿਆ ਹੋਇਆ ਸੰਸਾਰ-ਸਮੁੰਦਰ ਮੁੱਕ ਜਾਂਦਾ ਹੈ ॥੧॥ ਰਹਾਉ ॥

54450	1268	ਦੁਸਮਨ ਹਤੇ ਦੋਖੀ ਸਭਿ ਵਿਆਪੇ ਹਰਿ ਸਰਣਾਈ ਆਇਆ॥		Dhusaman Hathae Dhokhee Sabh Viaapae Har Saranaaee Aaeiaa ||	Your enemies shall be destroyed, and all the evil-doers shall perish, when you come to the Sanctuary of the Lord.	ਜਿਹੜਾ ਮਨੁੱਖ ਪਰਮਾਤਮਾ ਦੀ ਸਰਨ ਆ ਪੈਂਦਾ ਹੈ, (ਉਸ ਨਾਲ) ਵੈਰ ਕਰਨ ਵਾਲੇ ਜਗਤ ਵਿਚ ਫਿਟਕਾਰਾਂ ਖਾਂਦੇ ਹਨ, ਉਸ ਨਾਲ ਈਰਖਾ ਕਰਨ ਵਾਲੇ (ਭੀ) ਸਾਰੇ (ਈਰਖਾ ਤੇ ਸਾੜੇ ਵਿਚ ਹੀ) ਫਸੇ ਰਹਿੰਦੇ ਹਨ (ਭਾਵ, ਦੋਖੀ ਆਪ ਹੀ ਦੁਖੀ ਹੁੰਦੇ ਹਨ, ਉਸ ਦਾ ਕੁਝ ਨਹੀਂ ਵਿਗਾੜਦੇ)।
54451	1268	ਰਾਖਨਹਾਰੈ ਹਾਥ ਦੇ ਰਾਖਿਓ ਨਾਮੁ ਪਦਾਰਥੁ ਪਾਇਆ॥੧॥		Raakhanehaarai Haathh Dhae Raakhiou Naam Padhaarathh Paaeiaa ||1||	The Savior Lord has given me His Hand and saved me; I have obtained the wealth of the Naam. ||1||	ਰੱਖਿਆ ਕਰਨ ਦੇ ਸਮਰੱਥ ਪ੍ਰਭੂ ਨੇ ਸਦਾ ਉਸ ਦੀ ਰੱਖਿਆ ਕੀਤੀ ਹੁੰਦੀ ਹੈ, ਉਸ ਨੇ ਪ੍ਰਭੂ ਦਾ ਕੀਮਤੀ ਨਾਮ ਪ੍ਰਾਪਤ ਕਰ ਲਿਆ ਹੁੰਦਾ ਹੈ ॥੧॥
54452	1268	ਕਰਿ ਕਿਰਪਾ ਕਿਲਵਿਖ ਸਭਿ ਕਾਟੇ ਨਾਮੁ ਨਿਰਮਲੁ ਮਨਿ ਦੀਆ॥		Kar Kirapaa Kilavikh Sabh Kaattae Naam Niramal Man Dheeaa ||	Granting His Grace, He has eradicated all my sins; He has placed the Immaculate Naam within my mind.	ਜਿਸ ਮਨੁੱਖ ਦੇ ਮਨ ਵਿਚ (ਪਰਮਾਤਮਾ ਨੇ ਆਪਣਾ) ਪਵਿੱਤਰ ਨਾਮ ਟਿਕਾ ਦਿੱਤਾ, ਮਿਹਰ ਕਰ ਕੇ ਉਸ ਦੇ ਸਾਰੇ ਪਾਪ ਉਸ ਨੇ ਕੱਟ ਦਿੱਤੇ।

54453	1268	ਗੁਣ ਨਿਧਾਨੁ ਨਾਨਕ ਮਨਿ ਵਸਿਆ ਬਾਹੁੜਿ ਦੂਖ ਨ ਥੀਆ॥੨॥੪॥੮॥		Gun Nidhhaan Naanak Man Vasiaa Baahurr Dhookh N Thheeaa ||2||4||8||	O Nanak, the Treasure of Virtue fills my mind; I shall never again suffer in pain. ||2||4||8||	ਹੇ ਨਾਨਕ! ਜਿਸ ਮਨੁੱਖ ਦੇ ਮਨ ਵਿਚ ਸਾਰੇ ਗੁਣਾਂ ਦਾ ਖ਼ਜ਼ਾਨਾ ਪ੍ਰਭੂ ਆ ਵੱਸਿਆ, ਉਸ ਨੂੰ ਮੁੜ ਕੋਈ ਦੁੱਖ ਪੋਹ ਨਹੀਂ ਸਕਦੇ ॥੨॥੪॥੮॥
54454	1268	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54455	1268	ਪ੍ਰਭ ਮੇਰੇ ਪ੍ਰੀਤਮ ਪ੍ਰਾਨ ਪਿਆਰੇ॥		Prabh Maerae Preetham Praan Piaarae ||	My Beloved God is the Lover of my breath of life.	ਹੇ ਮੇਰੇ ਪ੍ਰਭੂ! ਹੇ ਮੇਰੇ ਪ੍ਰੀਤਮ! ਹੇ ਮੇਰੀ ਜਿੰਦ ਤੋਂ ਪਿਆਰੇ! ਹੇ ਦਇਆ ਦੇ ਸੋਮੇ ਪ੍ਰਭੂ!
54456	1268	ਪ੍ਰੇਮ ਭਗਤਿ ਅਪਨੋ ਨਾਮੁ ਦੀਜੈ ਦਇਆਲ ਅਨੁਗ੍ਰਹੁ ਧਾਰੇ॥੧॥ਰਹਾਉ॥	ਅ-ਨੁੱਗ੍ਰਹੁ	Praem Bhagath Apano Naam Dheejai Dhaeiaal Anugrahu Dhhaarae ||1|| Rehaao ||	Please bless me with the loving devotional worship of the Naam, O Kind and Compassionate Lord. ||1||Pause||	(ਮੇਰੇ ਉਤੇ) ਮਿਹਰ ਕਰ! ਮੈਨੂੰ ਆਪਣਾ ਪਿਆਰ ਬਖ਼ਸ਼, ਮੈਨੂੰ ਆਪਣੀ ਭਗਤੀ ਦੇਹ, ਮੈਨੂੰ ਆਪਣਾ ਨਾਮ ਦੇਹ ॥੧॥ ਰਹਾਉ ॥
54457	1268	ਸਿਮਰਉ ਚਰਨ ਤੁਹਾਰੇ ਪ੍ਰੀਤਮ ਰਿਦੈ ਤੁਹਾਰੀ ਆਸਾ॥		Simaro Charan Thuhaarae Preetham Ridhai Thuhaaree Aasaa ||	I meditate in remembrance on Your Feet, O my Beloved; my heart is filled with hope.	ਹੇ ਪ੍ਰੀਤਮ! ਮੈਂ ਤੇਰੇ ਚਰਨਾਂ ਦਾ ਧਿਆਨ ਧਰਦਾ ਰਹਾਂ, ਮੇਰੇ ਹਿਰਦੇ ਵਿਚ ਤੇਰੀ ਆਸ ਟਿਕੀ ਰਹੀ।

54458	1268	ਸੰਤ ਜਨਾ ਪਹਿ ਕਰਉ ਬੇਨਤੀ ਮਨਿ ਦਰਸਨ ਕੀ ਪਿਆਸਾ॥੧॥		Santh Janaa Pehi Karo Baenathee Man Dharasan Kee Piaasaa ||1||	I offer my prayer to the humble Saints; my mind thirsts for the Blssed Vision of the Lord's Darshan. ||1||	ਮੈਂ ਸੰਤ ਜਨਾਂ ਪਾਸ ਬੇਨਤੀ ਕਰਦਾ ਰਹਿੰਦਾ ਹਾਂ (ਕਿ ਮੈਨੂੰ ਤੇਰਾ ਦਰਸਨ ਕਰਾ ਦੇਣ, ਮੇਰੇ) ਮਨ ਵਿਚ (ਤੇਰੇ) ਦਰਸਨ ਦੀ ਬੜੀ ਤਾਂਘ ਹੈ ॥੧॥
54459	1268	ਬਿਛੁਰਤ ਮਰਨੁ ਜੀਵਨੁ ਹਰਿ ਮਿਲਤੇ ਜਨ ਕਉ ਦਰਸਨੁ ਦੀਜੈ॥		Bishhurath Maran Jeevan Har Milathae Jan Ko Dharasan Dheejai ||	Separation is death, and Union with the Lord is life. Please bless Your humble servant with Your Darshan.	ਹੇ ਪ੍ਰੀਤਮ ਪ੍ਰਭੂ! ਤੈਥੋਂ ਵਿਛੁੜਿਆਂ ਆਤਮਕ ਮੌਤ ਹੋ ਜਾਂਦੀ ਹੈ, ਤੈਨੂੰ ਮਿਲਿਆਂ ਆਤਮਕ ਜੀਵਨ ਮਿਲਦਾ ਹੈ। ਹੇ ਪ੍ਰਭੂ! ਆਪਣੇ ਸੇਵਕ ਨੂੰ ਦਰਸਨ ਦੇਹ।
54460	1268	ਨਾਮ ਅਧਾਰੁ ਜੀਵਨ ਧਨੁ ਨਾਨਕ ਪ੍ਰਭ ਮੇਰੇ ਕਿਰਪਾ ਕੀਜੈ॥੨॥੫॥੯॥		Naam Adhhaar Jeevan Dhhan Naanak Prabh Maerae Kirapaa Keejai ||2||5||9||	O my God, please be Merciful, and bless Nanak with the support, the life and wealth of the Naam. ||2||5||9||	ਹੇ ਨਾਨਕ! ਹੇ ਮੇਰੇ ਪ੍ਰਭੂ! ਮਿਹਰ ਕਰ, ਤੇਰੇ ਨਾਮ ਦਾ ਆਸਰਾ (ਮੈਨੂੰ ਮਿਲਿਆ ਰਹੇ, ਇਹੀ ਹੈ ਮੇਰੀ) ਜ਼ਿੰਦਗੀ ਦਾ ਸਰਮਾਇਆ ॥੨॥੫॥੯॥
54461	1268	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54462	1268	ਅਬ ਅਪਨੇ ਪ੍ਰੀਤਮ ਸਿਉ ਬਨਿ ਆਈ॥		Ab Apanae Preetham Sio Ban Aaee ||	Now, I have become just like my Beloved.	ਹੇ ਨਾਮ-ਜਲ ਨਾਲ ਭਰਪੂਰ ਗੁਰੂ! ਹੇ ਸੁਖ ਦੇਣ ਵਾਲੇ ਗੁਰੂ! (ਨਾਮ ਦੀ) ਵਰਖਾ ਕਰਦਾ ਰਹੁ।

54463	1268	ਰਾਜਾਰਾਮੁ ਰਮਤ ਸੁਖੁ ਪਾਇਓ ਬਰਸੁ ਮੇਘ ਸੁਖਦਾਈ॥੧॥ਰਹਾਉ ॥		Raajaa Raam Ramath Sukh Paaeiou Baras Maegh Sukhadhaaee ||1|| Rehaao ||	Dwelling on my Sovereign Lord King, I have found peace. Rain down, O peace-giving cloud. ||1||Pause||	(ਤੇਰੀ ਮਿਹਰ ਨਾਲ) ਪ੍ਰਭੂ-ਪਾਤਿਸ਼ਾਹ ਦਾ ਨਾਮ ਸਿਮਰਦਿਆਂ ਮੈਂ ਆਤਮਕ ਆਨੰਦ ਹਾਸਲ ਕਰ ਲਿਆ ਹੈ, ਹੁਣ ਪ੍ਰੀਤਮ-ਪ੍ਰਭੂ ਨਾਲ ਮੇਰਾ ਪਿਆਰ ਬਣ ਗਿਆ ਹੈ ॥੧॥ ਰਹਾਉ ॥
54464	1268	ਇਕੁ ਪਲੁ ਬਿਸਰਤ ਨਹੀ ਸੁਖਸਾਗਰੁ ਨਾਮੁ ਨਵੈ ਨਿਧਿ ਪਾਈ॥		Eik Pal Bisarath Nehee Sukh Saagar Naam Navai Nidhh Paaee ||	I cannot forget Him, even for an instant; He is the Ocean of peace. Through the Naam, the Name of the Lord, I have obtained the nine treasures.	ਮੈਂ ਪਰਮਾਤਮਾ ਦਾ ਨਾਮ ਹਾਸਲ ਕਰ ਲਿਆ ਹੈ (ਜੋ ਮੇਰੇ ਵਾਸਤੇ ਦੁਨੀਆ ਦੇ) ਨੌ ਹੀ ਖ਼ਜ਼ਾਨੇ ਹੈ। ਹੁਣ ਉਹ ਸੁਖਾਂ ਦਾ ਸਮੁੰਦਰ ਪ੍ਰਭੂ ਇਕ ਪਲ ਵਾਸਤੇ ਭੀ ਨਹੀਂ ਭੁੱਲਦਾ।
54465	1268	ਉਦੌਤੁ ਭਇਓ ਪੂਰਨ ਭਾਵੀ ਕੋ ਭੇਟੇ ਸੰਤ ਸਹਾਈ॥੧॥		Oudhaath Bhaeiou Pooran Bhaavee Ko Bhaettae Santh Sehaaee ||1||	My perfect destiny has been activated, meeting with the Saints, my help and support. ||1||	ਜਦੋਂ ਤੋਂ ਸਹਾਇਤਾ ਕਰਨ ਵਾਲਾ ਗੁਰੂ-ਸੰਤ (ਮੈਨੂੰ) ਮਿਲਿਆ ਹੈ, (ਮੇਰੇ ਅੰਦਰ ਪ੍ਰਭੂ ਦੀ) ਰਜ਼ਾ ਦਾ ਪੂਰਨ ਪਰਕਾਸ਼ ਹੋ ਗਿਆ ਹੈ ॥੧॥
54466	1268	ਸੁਖ ਉਪਜੇ ਦੁਖ ਸਗਲ ਬਿਨਾਸੇ ਪਾਰਬ੍ਰਹਮ ਲਿਵ ਲਾਈ॥		Sukh Oupajae Dhukh Sagal Binaasae Paarabreham Liv Laaee ||	Peace has welled up, and all pain has been dispelled, lovingly attuned to the Supreme Lord God.	(ਗੁਰੂ ਦੇ ਉਪਦੇਸ਼-ਮੀਂਹ ਦੀ ਬਰਕਤਿ ਨਾਲ) ਮੈਂ ਪਰਮਾਤਮਾ ਵਿਚ ਸੁਰਤ ਜੋੜ ਲਈ ਹੈ, ਮੇਰੇ ਅੰਦਰ ਸੁਖ ਪੈਦਾ ਹੋ ਗਏ ਹਨ, ਤੇ, ਸਾਰੇ ਦੁੱਖ ਨਾਸ ਹੋ ਗਏ ਹਨ।

54467	1268	ਤਰਿਓ ਸੰਸਾਰੁ ਕਠਿਨ ਭੈ ਸਾਗਰੁ ਹਰਿ ਨਾਨਕ ਚਰਨ ਧਿਆਈ॥੨॥੬॥੧੦॥		Thariou Sansaar Kathin Bhai Saagar Har Naanak Charan Dhhiaaee ||2||6||10||	The arduous and terrifying world-ocean is crossed over, O Nanak, by meditating on the Feet of the Lord. ||2||6||10||	ਹੇ ਨਾਨਕ! ਹਰੀ ਦੇ ਚਰਨਾਂ ਦਾ ਧਿਆਨ ਧਰ ਕੇ ਮੈਂ ਉਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ ਹਾਂ ਜਿਸ ਨੂੰ ਤਰਨਾ ਔਖਾ ਹੈ, ਤੇ, ਜੋ ਅਨੇਕਾਂ ਡਰਾਂ ਨਾਲ ਭਰਿਆ ਹੋਇਆ ਹੈ ॥੨॥੬॥੧੦॥
54468	1268	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54469	1268	ਘਨਿਹਰ ਬਰਸਿ ਸਗਲ ਜਗੁ ਛਾਇਆ॥		Ghanihar Baras Sagal Jag Shhaaeiaa ||	The clouds have rained down all over the world.	(ਉਂਞ ਤਾਂ) ਨਾਮ-ਜਲ ਨਾਲ ਭਰਪੂਰ ਸਤਿਗੁਰੂ (ਨਾਮ ਦੀ) ਵਰਖਾ ਕਰ ਕੇ ਸਾਰੇ ਜਗਤ ਉੱਤੇ ਪ੍ਰਭਾਵ ਪਾ ਰਿਹਾ ਹੈ।
54470	1268	ਭਏ ਕ੍ਰਿਪਾਲ ਪ੍ਰੀਤਮ ਪ੍ਰਭ ਮੇਰੇ ਅਨਦ ਮੰਗਲ ਸੁਖ ਪਾਇਆ॥੧॥ਰਹਾਉ ॥		Bheae Kirapaal Preetham Prabh Maerae Anadh Mangal Sukh Paaeiaa ||1|| Rehaao ||	My Beloved Lord God has become merciful to me; I am blessed with ecstasy, bliss and peace. ||1||Pause||	(ਪਰ ਜਿਸ ਮਨੁੱਖ ਉੱਤੇ) ਮੇਰੇ ਪ੍ਰੀਤਮ ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਉਹ (ਉਸ ਨਾਮ-ਵਰਖਾ ਵਿਚੋਂ) ਆਨੰਦ ਖ਼ੁਸ਼ੀਆਂ ਆਤਮਕ ਸੁਖ ਪ੍ਰਾਪਤ ਕਰਦਾ ਹੈ ॥੧॥ ਰਹਾਉ ॥
54471	1268	ਮਿਟੇ ਕਲੇਸ ਤ੍ਰਿਸਨ ਸਭ ਬੂਝੀ ਪਾਰਬ੍ਰਹਮੁ ਮਨਿ ਧਿਆਇਆ॥	ਬੂਝੀ: ਪੋਲਾ ਬੋਲੋ	Mittae Kalaes Thrisan Sabh Boojhee Paarabreham Man Dhhiaaeiaa ||	My sorrows are erased, and all my thirsts are quenched, meditating on the Supreme Lord God.	ਜਿਹੜਾ ਮਨੁੱਖ ਪਰਮਾਤਮਾ ਨੂੰ ਆਪਣੇ ਮਨ ਵਿਚ ਸਿਮਰਦਾ ਹੈ, ਉਸ ਦੇ ਸਾਰੇ ਦੁੱਖ-ਕਲੇਸ਼ ਮਿਟ ਜਾਂਦੇ ਹਨ; ਉਸ ਦੀ ਮਾਇਆ ਦੀ ਪਿਆਸ ਬੁੱਝ ਜਾਂਦੀ ਹੈ,

54472	1268	ਸਾਧਸੰਗਿ ਜਨਮ ਮਰਨ ਨਿਵਾਰੇ ਬਹੁਰਿ ਨ ਕਤਹੂ ਧਾਇਆ॥੧॥		Saadhhasang Janam Maran Nivaarae Bahur N Kathehoo Dhhaaeiaa ||1||	In the Saadh Sangat, the Company of the Holy, death and birth come to an end, and the mortal does not wander anywhere, ever again. ||1||	ਗੁਰੂ ਦੀ ਸੰਗਤ ਵਿਚ ਰਹਿ ਕੇ ਉਸ ਦੇ ਜਨਮ ਮਰਨ ਦੇ ਗੇੜ ਦੂਰ ਹੋ ਜਾਂਦੇ ਹਨ, ਉਹ ਮੁੜ ਕਿਸੇ ਭੀ ਹੋਰ ਪਾਸੇ ਵਲ ਨਹੀਂ ਭਟਕਦਾ ॥੧॥
54473	1268	ਮਨੁ ਤਨੁ ਨਾਮਿ ਨਿਰੰਜਨਿ ਰਾਤਉ ਚਰਨਕਮਲ ਲਿਵ ਲਾਇਆ॥		Man Than Naam Niranjan Raatho Charan Kamal Liv Laaeiaa ||	My mind and body are imbued with the Immaculate Naam, the Name of the Lord; I am lovingly attuned to His Lotus Feet.	ਉਸ ਦਾ ਮਨ ਉਸ ਦਾ ਤਨ ਨਿਰਲੇਪ ਪ੍ਰਭੂ ਦੇ ਨਾਮ (-ਰੰਗ ਵਿਚ) ਰੰਗਿਆ ਗਿਆ, ਉਸ ਨੇ ਪ੍ਰਭੂ ਦੇ ਸੋਹਣੇ ਚਰਨਾਂ ਵਿਚ ਸੁਰਤ ਜੋੜ ਲਈ,
54474	1268	ਅੰਗੀਕਾਰੁ ਕੀਓ ਪ੍ਰਭਿ ਅਪਨੈ ਨਾਨਕ ਦਾਸ ਸਰਣਾਇਆ ॥੨॥੭॥੧੧॥		Angeekaar Keeou Prabh Apanai Naanak Dhaas Saranaaeiaa ||2||7||11||	God has made Nanak His Own; slave Nanak seeks His Sanctuary. ||2||7||11||	ਹੇ ਨਾਨਕ! ਜਿਹੜਾ ਮਨੁੱਖ ਪ੍ਰਭੂ ਦੇ ਦਾਸਾਂ ਦੀ ਸਰਨ ਆ ਪਿਆ, ਪ੍ਰਭੂ ਨੇ ਉਸ ਦੀ ਸਹਾਇਤਾ ਕੀਤੀ ॥੨॥੭॥੧੧॥
54475	1268	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54476	1268	ਬਿਛੁਰਤ ਕਿਉ ਜੀਵੇ ਓਇ ਜੀਵਨ॥		Bishhurath Kio Jeevae Oue Jeevan ||	Separated from the Lord, how can any living being live?	ਉਹ ਮਨੁੱਖ ਉਸ ਤੋਂ ਵਿਛੋੜੇ ਦਾ ਜੀਵਨ ਕਦੇ ਨਹੀਂ ਜੀਊ ਸਕਦੇ,

54477	1268	ਚਿਤਹਿ ਉਲਾਸ ਆਸ ਮਿਲਬੇ ਕੀ ਚਰਨਕਮਲ ਰਸ ਪੀਵਨ॥੧॥ਰਹਾਉ॥		Chithehi Oulaas Aas Milabae Kee Charan Kamal Ras Peevan ||1|| Rehaao ||	My consciousness is filled with yearning and hope to meet my Lord, and drink in the sublime essence of His Lotus Feet. ||1||Pause||	(ਜਿਨ੍ਹਾਂ ਮਨੁੱਖਾਂ ਦੇ) ਚਿੱਤ ਵਿਚ ਪਰਮਾਤਮਾ ਨੂੰ ਮਿਲਣ ਦੀ ਅਤੇ ਉਸ ਦੇ ਸੋਹਣੇ ਚਰਨ-ਕਮਲਾਂ ਦਾ ਰਸ ਪੀਣ ਦੀ ਆਸ ਹੈ ਤੇ ਤਾਂਘ ਹੈ ॥੧॥ ਰਹਾਉ ॥
54478	1268	ਜਿਨ ਕਉ ਪਿਆਸ ਤੁਮਾਰੀ ਪ੍ਰੀਤਮ ਤਿਨ ਕਉ ਅੰਤਰੁ ਨਾਹੀ॥		Jin Ko Piaas Thumaaree Preetham Thin Ko Anthar Naahee ||	Those who are thirsty for You, O my Beloved, are not separated from You.	ਹੇ ਪ੍ਰੀਤਮ ਪ੍ਰਭੂ! ਜਿਨ੍ਹਾਂ ਮਨੁੱਖਾਂ ਦੇ ਅੰਦਰ ਤੇਰੇ ਦਰਸਨ ਦੀ ਤਾਂਘ ਹੈ, ਉਹਨਾਂ ਦੀ ਤੇਰੇ ਨਾਲੋਂ ਕੋਈ ਵਿੱਥ ਨਹੀਂ ਹੁੰਦੀ।
54479	1268	ਜਿਨ ਕਉ ਬਿਸਰੈ ਮੇਰੋ ਰਾਮੁ ਪਿਆਰਾ ਸੇ ਮੂਏ ਮਰਿ ਜਾਂਹੀਂ॥੧॥		Jin Ko Bisarai Maero Raam Piaaraa Sae Mooeae Mar Jaanheen ||1||	Those who forget my Beloved Lord are dead and dying. ||1||	ਪਰ, ਜਿਨ੍ਹਾਂ ਮਨੁੱਖਾਂ ਨੂੰ ਪਿਆਰਾ ਪ੍ਰਭੂ ਭੁੱਲ ਜਾਂਦਾ ਹੈ, ਉਹ ਆਤਮਕ ਮੌਤੇ ਮਰੇ ਰਹਿੰਦੇ ਹਨ, ਉਹ ਆਤਮਕ ਮੌਤੇ ਹੀ ਮਰ ਜਾਂਦੇ ਹਨ ॥੧॥
54480	1269	ਮਨਿ ਤਨਿ ਰਵਿ ਰਹਿਆ ਜਗਦੀਸੁਰ ਪੇਖਤ ਸਦਾ ਹਜੂਰੇ॥		Man Than Rav Rehiaa Jagadheesur Paekhath Sadhaa Hajoorae ||	The Lord of the Universe is permeating and pervading my mind and body; I see Him Ever-present, here and now	(ਹੇ ਭਾਈ!) ਜਗਤ ਦਾ ਮਾਲਕ ਪ੍ਰਭੂ ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਹਿਰਦੇ ਵਿਚ ਸਦਾ ਵੱਸਿਆ ਰਹਿੰਦਾ ਹੈ, ਉਹ ਉਸ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਵੇਖਦੇ ਹਨ।

54481	1269	ਨਾਨਕ ਰਵਿ ਰਹਿਓ ਸਭ ਅੰਤਰਿ ਸਰਬ ਰਹਿਆ ਭਰਪੂਰੇ॥੨॥੮॥੧੨॥		Naanak Rav Rehiou Sabh Anthar Sarab Rehiaa Bharapoorae ||2||8||12||	. O Nanak, He is permeating the inner being of all; He is all-pervading everywhere. ||2||8||12||	ਹੇ ਨਾਨਕ! (ਉਹਨਾਂ ਨੂੰ ਇਉਂ ਜਾਪਦਾ ਹੈ ਕਿ) ਪਰਮਾਤਮਾ ਸਭ ਜੀਵਾਂ ਦੇ ਅੰਦਰ ਮੌਜੂਦ ਹੈ, ਸਭ ਥਾਈਂ ਭਰਪੂਰ ਵੱਸਦਾ ਹੈ ॥੨॥੮॥੧੨॥
54482	1269	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54483	1269	ਹਰਿ ਕੈ ਭਜਨਿ ਕਉਨ ਕਉਨ ਨ ਤਾਰੇ॥		Har Kai Bhajan Koun Koun N Thaarae ||	Vibrating and meditating on the Lord, who has not been carried across?	(ਜਿਨ੍ਹਾਂ ਜਿਨ੍ਹਾਂ ਨੇ ਭੀ ਹਰੀ ਦਾ ਭਜਨ ਕੀਤਾ) ਉਹਨਾਂ ਸਭਨਾਂ ਨੂੰ (ਗੁਰੂ ਨੇ) ਪਰਮਾਤਮਾ ਦੇ ਭਜਨ ਦੀ ਰਾਹੀਂ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ।
54484	1269	ਖਗ ਤਨ ਮੀਨ ਤਨ ਮ੍ਰਿਗ ਤਨ ਬਰਾਹ ਤਨ ਸਾਧੂਸੰਗਿ ਉਧਾਰੇ॥੧॥ਰਹਾਉ॥	ਖਗ: ਪੋਲਾ ਬੋਲੋ।ਉ-ਧਾਰੇ	Khag Than Meen Than Mrig Than Baraah Than Saadhhoo Sang Oudhhaarae ||1|| Rehaao ||	Those reborn into the body of a bird, the body of a fish, the body of a deer, and the body of a bull - in the Saadh Sangat, the Company of the Holy, they are saved. ||1||Pause||	ਪੰਛੀਆਂ ਦਾ ਸਰੀਰ ਧਾਰਨ ਵਾਲੇ, ਮੱਛੀਆਂ ਦਾ ਸਰੀਰ ਧਾਰਨ ਵਾਲੇ, ਪਸ਼ੂਆਂ ਦਾ ਸਰੀਰ ਧਾਰਨ ਵਾਲੇ ਸੂਰਾਂ ਦਾ ਸਰੀਰ ਧਾਰਨ ਵਾਲੇ-ਇਹ ਸਭ ਗੁਰੂ ਦੀ ਸੰਗਤ ਵਿਚ ਪਾਰ ਲੰਘਾ ਦਿੱਤੇ ਗਏ ॥੧॥ ਰਹਾਉ ॥

54485	1269	ਦੇਵ ਕੁਲ ਦੈਤ ਕੁਲ ਜਖ੍ਹ ਕਿੰਨਰ ਨਰ ਸਾਗਰ ਉਤਰੇ ਪਾਰੇ॥	ਦੈਂਤ। ਜੱਖਿਅ	Dhaev Kul Dhaith Kul Jakhy Kinnar Nar Saagar Outharae Paarae ||	The families of gods, the families of demons, titans, celestial singers and human beings are carried across the ocean.	(ਸਾਧ ਸੰਗਤ ਵਿਚ ਸਿਮਰਨ ਦੀ ਬਰਕਤਿ ਨਾਲ) ਦੇਵਤਿਆਂ ਦੀਆਂ ਕੁਲਾਂ, ਦੈਂਤਾਂ ਦੀਆਂ ਕੁਲਾਂ, ਜੱਖ, ਕਿੰਨਰ ਮਨੁੱਖ-ਇਹ ਸਾਰੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ।
54486	1269	ਜੋ ਜੋ ਭਜਨੁ ਕਰੈ ਸਾਧੂਸੰਗਿ ਤਾ ਕੇ ਦੂਖ ਬਿਦਾਰੇ॥੧॥		Jo Jo Bhajan Karai Saadhhoo Sang Thaa Kae Dhookh Bidhaarae ||1||	Whoever meditates and vibrates on the Lord in the Saadh Sangat - his pains are taken away. ||1||	ਗੁਰੂ ਦੀ ਸੰਗਤ ਵਿਚ ਰਹਿ ਕੇ ਜਿਹੜਾ ਜਿਹੜਾ ਪ੍ਰਾਣੀ ਪਰਮਾਤਮਾ ਦਾ ਭਜਨ ਕਰਦਾ ਹੈ, ਉਹਨਾਂ ਸਭਨਾਂ ਦੇ ਸਾਰੇ ਦੁੱਖ ਨਾਸ ਹੋ ਜਾਂਦੇ ਹਨ ॥੧॥
54487	1269	ਕਾਮ ਕਰੋਧ ਮਹਾ ਬਿਖਿਆ ਰਸ ਇਨ ਤੇ ਭਏ ਨਿਰਾਰੇ॥		Kaam Karodhh Mehaa Bikhiaa Ras Ein Thae Bheae Niraarae ||	Sexual desire, anger and the pleasures of terrible corruption - he keeps away from these.	ਉਹ ਮਨੁੱਖ ਕਾਮ, ਕ੍ਰੋਧ, ਮਾਇਆ ਦੇ ਚਸਕੇ-ਇਹਨਾਂ ਸਭਨਾਂ ਤੋਂ ਨਿਰਲੇਪ ਰਹਿੰਦੇ ਹਨ।
54488	1269	ਦੀਨ ਦਇਆਲ ਜਪਹਿ ਕਰੁਣਾਮੈ ਨਾਨਕ ਸਦ ਬਲਿਹਾਰੇ॥੨॥੯॥੧੩॥		Dheen Dhaeiaal Japehi Karunaa Mai Naanak Sadh Balihaarae ||2||9||13||	He meditates on the Lord, Merciful to the meek, the Embodiment of Compassion; Nanak is forever a sacrifice to Him. ||2||9||13||	ਹੇ ਨਾਨਕ! ਦੀਨਾਂ ਉਤੇ ਦਇਆ ਕਰਨ ਵਾਲੇ ਤਰਸ-ਸਰੂਪ ਪਰਮਾਤਮਾ ਦਾ ਨਾਮ ਜਿਹੜੇ ਜਿਹੜੇ ਮਨੁੱਖ ਜਪਦੇ ਹਨ, ਮੈਂ ਉਹਨਾਂ ਤੋਂ ਸਦਾ ਕੁਰਬਾਨ ਜਾਂਦਾ ਹਾਂ ॥੨॥੯॥੧੩॥
54489	1269	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	

54490	1269	ਆਜੁ ਮੈ ਬੈਸਿਓ ਹਰਿ ਹਾਟ॥		Aaj Mai Baisiou Har Haatt ||	Today, I am seated in the Lord's store.	ਹੁਣ ਮੈਂ ਉਸ ਹੱਟ (ਸਾਧ ਸੰਗਤ) ਵਿਚ ਆ ਬੈਠਾ ਹਾਂ, (ਜਿੱਥੇ ਹਰਿ-ਨਾਮ ਮਿਲਦਾ ਹੈ)।
54491	1269	ਨਾਮੁ ਰਾਸਿ ਸਾਝੀ ਕਰਿ ਜਨ ਸਿਉ ਜਾਂਉ ਨ ਜਮ ਕੈ ਘਾਟ॥੧॥ਰਹਾਉ॥		Naam Raas Saajhee Kar Jan Sio Jaano N Jam Kai Ghaatt ||1|| Rehaao ||	With the wealth of the Lord, I have entered into partnership with the humble; I shall not have take the Highway of Death. ||1||Pause||	ਉਥੇ ਮੈਂ ਸੰਤ ਜਨਾਂ ਨਾਲ ਸਾਂਝ ਪਾ ਕੇ ਹਰਿ-ਨਾਮ ਸਰਮਾਇਆ (ਇਕੱਠਾ ਕੀਤਾ ਹੈ, ਜਿਸ ਦੀ ਬਰਕਤਿ ਨਾਲ) ਮੈਂ ਜਮਦੂਤਾਂ ਦੇ ਪੱਤਣ ਤੇ ਨਹੀਂ ਜਾਂਦਾ (ਭਾਵ, ਮੈਂ ਉਹ ਕਰਮ ਨਹੀਂ ਕਰਦਾ, ਜਿਨ੍ਹਾਂ ਕਰ ਕੇ ਜਮਾਂ ਦੇ ਵੱਸ ਪਈਦਾ ਹੈ) ॥੧॥ ਰਹਾਉ ॥
54492	1269	ਧਾਰਿ ਅਨੁਗ੍ਰਹੁ ਪਾਰਬ੍ਰਹਮਿ ਰਾਖੇ ਭ੍ਰਮ ਕੇ ਖੁਲ੍ਹੇ ਕਪਾਟ॥	ਅ-ਨੁੱਗ੍ਰਹੁ	Dhhaar Anugrahu Paarabreham Raakhae Bhram Kae Khulaeh Kapaatt ||	Showering me with His Kindness, the Supreme Lord God has saved me; the doors of doubt have been opened wide.	ਪਰਮਾਤਮਾ ਨੇ ਮਿਹਰ ਕਰ ਕੇ ਜਿਨ੍ਹਾਂ ਦੀ ਰੱਖਿਆ ਕੀਤੀ (ਸਾਧ ਸੰਗਤ ਦੀ ਬਰਕਤਿ ਨਾਲ ਉਹਨਾਂ ਦੇ) ਭਰਮ-ਭਟਕਣਾ ਦੇ ਭੱਤ ਖੁਲ੍ਹ ਗਏ।
54493	1269	ਬੇਸੁਮਾਰ ਸਾਹੁ ਪ੍ਰਭੁ ਪਾਇਆ ਲਾਹਾ ਚਰਨ ਨਿਧਿ ਖਾਟ॥੧॥		Baesumaar Saahu Prabh Paaeiaa Laahaa Charan Nidhh Khaatt ||1||	I have found God, the Banker of Infinity; I have earned the profit of the wealth of His Feet. ||1||	ਉਹਨਾਂ ਨੇ ਬੇਅੰਤ ਨਾਮ-ਸਰਮਾਏ ਦਾ ਮਾਲਕ ਪ੍ਰਭੂ ਲੱਭ ਲਿਆ। ਉਹਨਾਂ ਨੇ ਪਰਮਾਤਮਾ ਦੇ ਚਰਨਾਂ (ਵਿਚ ਟਿਕੇ ਰਹਿਣ) ਦੀ ਖੱਟੀ ਖੱਟ ਲਈ, ਜੋ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ ॥੧॥

54494	1269	ਸਰਨਿ ਗਹੀ ਅਚੁਤ ਅਬਿਨਾਸੀ ਕਿਲਬਿਖ ਕਾਢੇ ਹੈ ਛਾਂਟਿ॥	ਅ-ਚੁੱਤ	Saran Gehee Achuth Abinaasee Kilabikh Kaadtae Hai Shhaantt ||	I have grasped the protection of the Sanctuary of the Unchanging, Unmoving, Imperishable Lord; He has picked up my sins and thrown them out.	(ਜਿਨ੍ਹਾਂ ਸੇਵਕਾਂ ਨੇ) ਅਟੱਲ ਅਬਿਨਾਸੀ ਪਰਮਾਤਮਾ ਦਾ ਆਸਰਾ ਲੈ ਲਿਆ, ਉਹਨਾਂ ਨੇ (ਆਪਣੇ ਅੰਦਰੋਂ ਸਾਰੇ) ਪਾਪ ਚੁਣ ਚੁਣ ਕੇ ਕੱਢ ਦਿੱਤੇ,
54495	1269	ਕਲਿ ਕਲੇਸ ਮਿਟੇ ਦਾਸ ਨਾਨਕ ਬਹੁਰਿ ਨ ਜੋਨੀ ਮਾਟ॥੨॥੧੦॥੧੪॥		Kal Kalaes Mittae Dhaas Naanak Bahur N Jonee Maatt ||2||10||14||	Slave Nanak's sorrow and suffering has ended. He shall never again be squeezed into the mold of reincarnation. ||2||10||14||	ਹੇ ਨਾਨਕ! ਉਹਨਾਂ ਦਾਸਾਂ ਦੇ ਅੰਦਰੋਂ ਸਾਰੇ ਝਗੜੇ ਕਲੇਸ਼ ਮੁੱਕ ਗਏ, ਉਹ ਮੁੜ ਜੂਨਾਂ ਵਿਚ ਨਹੀਂ ਪੈਂਦੇ ॥੨॥੧੦॥੧੪॥
54496	1269	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54497	1269	ਬਹੁ ਬਿਧਿ ਮਾਇਆ ਮੋਹ ਹਿਰਾਨੋ॥		Bahu Bidhh Maaeiaa Moh Hiraano ||	In so many ways, attachment to Maya leads to ruin.	(ਜੀਵ) ਕਈ ਤਰੀਕਿਆਂ ਨਾਲ ਮਾਇਆ ਦੇ ਮੋਹ ਵਿਚ ਠੱਗੇ ਜਾਂਦੇ ਹਨ।

54498	1269	ਕੋਟਿ ਮਧੇ ਕੋਊ ਬਿਰਲਾ ਸੇਵਕੁ ਪੂਰਨ ਭਗਤੁ ਚਿਰਾਨੋ॥੧॥ਰਹਾਉ॥		Kott Madhhae Kooo Biralaa Saevak Pooran Bhagath Chiraano ||1|| Rehaao ||	Among millions, it is very rare to find a selfless servant who remains a perfect devotee for very long. ||1||Pause||	ਕ੍ਰੋੜਾਂ ਵਿਚੋਂ ਕੋਈ ਵਿਰਲਾ ਹੀ (ਅਜਿਹਾ) ਸੇਵਕ ਹੁੰਦਾ ਹੈ ਜੋ ਮੁੱਢ ਕਦੀਮਾਂ ਤੋਂ ਹੀ ਪੂਰਾ ਭਗਤ ਹੁੰਦਾ ਹੈ (ਤੇ ਮਾਇਆ ਦੇ ਹੱਥੋਂ ਠੱਗਿਆ ਨਹੀਂ ਜਾਂਦਾ) ॥੧॥ ਰਹਾਉ ॥
54499	1269	ਇਤ ਉਤ ਡੋਲਿ ਡੋਲਿ ਸ੍ਰਮੁ ਪਾਇਓ ਤਨੁ ਧਨੁ ਹੋਤ ਬਿਰਾਨੋ॥		Eith Outh Ddol Ddol Sram Paaeiou Than Dhhan Hoth Biraano ||	Roaming and wandering here and there, the mortal finds only trouble; his body and wealth become strangers to himself.	(ਮਾਇਆ ਦਾ ਠੱਗਿਆ ਮਨੁੱਖ) ਹਰ ਪਾਸੇ ਭਟਕ ਭਟਕ ਕੇ ਥੱਕਦਾ ਰਹਿੰਦਾ ਹੈ (ਜਿਸ ਸਰੀਰ ਅਤੇ ਧਨ ਦੀ ਖ਼ਾਤਰ ਭਟਕਦਾ ਹੈ, ਉਹ) ਸਰੀਰ ਤੇ ਧਨ (ਆਖ਼ਿਰ) ਬਿਗਾਨਾ ਹੋ ਜਾਂਦਾ ਹੈ।
54500	1269	ਲੋਗ ਦੁਰਾਇ ਕਰਤ ਠਗਿਆਈ ਹੋਤੋ ਸੰਗਿ ਨ ਜਾਨੋ॥੧॥	(ਦੁਰਾਇ) ਛੁਪਾ ਕੇ	Log Dhuraae Karath Thagiaaee Hotha Sang N Jaano ||1||	Hiding from people, he practices deception; he does not know the One who is always with him. ||1||	(ਮਾਇਆ ਦੇ ਮੋਹ ਵਿਚ ਫਸਿਆ ਮਨੁੱਖ) ਲੋਕਾਂ ਤੋਂ ਲੁਕਾ ਲੁਕਾ ਕੇ ਠੱਗੀ ਕਰਦਾ ਰਹਿੰਦਾ ਹੈ (ਜਿਹੜਾ ਪਰਮਾਤਮਾ ਸਦਾ) ਨਾਲ ਰਹਿੰਦਾ ਹੈ ਉਸ ਨਾਲ ਸਾਂਝ ਨਹੀਂ ਪਾਂਦਾ ॥੧॥
54501	1269	ਮ੍ਰਿਗ ਪੰਖੀ ਮੀਨ ਦੀਨ ਨੀਚ ਇਹ ਸੰਕਟ ਫਿਰਿ ਆਨੋ॥		Mrig Pankhee Meen Dheen Neech Eih Sankatt Fir Aano ||	He wanders through troubled incarnations of low and wretched species as a deer, a bird and a fish.	(ਮਾਇਆ ਦੇ ਮੋਹ ਵਿਚ ਫਸੇ ਰਹਿਣ ਦੇ ਕਾਰਨ ਆਖ਼ਿਰ) ਪਸ਼ੂ ਪੰਛੀ ਮੱਛੀ-ਇਹਨਾਂ ਨੀਵੀਆਂ ਜੂਨਾਂ ਦੇ ਗੇੜ ਦੇ ਦੁੱਖਾਂ ਵਿਚ ਭਟਕਦਾ ਫਿਰਦਾ ਹੈ।

54502	1269	ਕਹੁ ਨਾਨਕ ਪਾਹਨ ਪ੍ਰਭ ਤਾਰਹੁ ਸਾਧਸੰਗਤਿ ਸੁਖ ਮਾਨੋ॥੨॥੧੧॥੧੫॥		Kahu Naanak Paahan Prabh Thaarahu Saadhhasangath Sukh Maano ||2||11||15||	Says Nanak, O God, I am a stone - please carry me across, that I may enjoy peace in the Saadh Sangat, the Company of the Holy. ||2||11||15||	ਨਾਨਕ ਆਖਦਾ ਹੈ- ਹੇ ਪ੍ਰਭੂ! ਅਸਾਂ ਪੱਥਰਾਂ ਨੂੰ (ਪੱਥਰ-ਦਿਲ ਜੀਵਾਂ ਨੂੰ) ਪਾਰ ਲੰਘਾ ਲੈ, ਅਸੀਂ ਸਾਧ ਸੰਗਤ ਵਿਚ (ਤੇਰੀ ਭਗਤੀ ਦਾ) ਆਨੰਦ ਮਾਣਦੇ ਰਹੀਏ ॥੨॥੧੧॥੧੫॥
54503	1269	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54504	1269	ਦੁਸਟ ਮੁਏ ਬਿਖੁ ਖਾਈ ਰੀ ਮਾਈ॥		Dhusatt Mueae Bikh Khaaee Ree Maaee ||	The cruel and evil ones died after taking poison, O mother.	ਹੇ ਮਾਂ! (ਮੇਰੇ ਪ੍ਰਭੂ ਦੇ ਮਨ ਵਿਚ ਮੇਰੇ ਉਤੇ ਤਰਸ ਆਇਆ ਹੈ, ਹੁਣ ਕਾਮਾਇਕ) ਚੰਦਰੇ ਵੈਰੀ (ਇਉਂ) ਮੁੱਕ ਗਏ ਹਨ (ਜਿਵੇਂ) ਜ਼ਹਿਰ ਖਾ ਕੇ।
54505	1269	ਜਿਸ ਕੇ ਜੀਅ ਤਿਨ ਹੀ ਰਖਿ ਲੀਨੇ ਮੇਰੇ ਪ੍ਰਭ ਕਉ ਕਿਰਪਾ ਆਈ॥੧॥ਰਹਾਉ॥		Jis Kae Jeea Thin Hee Rakh Leenae Maerae Prabh Ko Kirapaa Aaee ||1|| Rehaao ||	And the One, to whom all creatures belong, has saved us. God has granted His Grace. ||1||Pause||	ਹੇ ਮਾਂ! ਮੇਰੇ ਪ੍ਰਭੂ ਨੂੰ (ਜਦੋਂ) ਤਰਸ ਆਉਂਦਾ ਹੈ, ਉਸ ਦੇ ਆਪਣੇ ਹੀ ਹਨ ਇਹ ਸਾਰੇ ਜੀਵ, ਉਹ ਆਪ ਹੀ ਇਹਨਾਂ ਦੀ (ਕਾਮਾਦਿਕ ਵੈਰੀਆਂ ਤੋਂ) ਰੱਖਿਆ ਕਰਦਾ ਹੈ ॥੧॥ ਰਹਾਉ ॥

54506	1269	ਅੰਤਰਜਾਮੀ ਸਭ ਮਹਿ ਵਰਤੈ ਤਾਂ ਭਉ ਕੈਸਾ ਭਾਈ॥		Antharajaamee Sabh Mehi Varathai Thaan Bho Kaisaa Bhaaee ||	The Inner-knower, the Searcher of hearts, is contained within all; why should I be afraid, O Siblings of Destiny?	ਹੇ ਭਾਈ! ਹਰੇਕ ਦੇ ਦਿਲ ਦੀ ਜਾਣਨ ਵਾਲਾ ਪ੍ਰਭੂ ਸਭ ਜੀਵਾਂ ਵਿਚ ਮੌਜੂਦ ਹੈ (ਜਦੋਂ ਇਹ ਨਿਸ਼ਚਾ ਹੋ ਜਾਏ) ਤਾਂ ਕੋਈ ਡਰ ਪੋਹ ਨਹੀਂ ਸਕਦਾ।
54507	1269	ਸੰਗਿ ਸਹਾਈ ਛੋਡਿ ਨ ਜਾਈ ਪ੍ਰਭੁ ਦੀਸੈ ਸਭਨੀ ਠਾਈਂ॥੧॥		Sang Sehaaee Shhodd N Jaaee Prabh Dheesai Sabhanee Thaaeanaee ||1||	God, my Help and Support, is always with me. He shall never leave; I see Him everywhere. ||1||	ਹੇ ਭਾਈ! ਉਹ ਪ੍ਰਭੂ ਹਰੇਕ ਦੇ ਨਾਲ ਸਾਥੀ ਹੈ, ਉਹ ਛੱਡ ਕੇ ਨਹੀਂ ਜਾਂਦਾ, ਉਹ ਸਭ ਥਾਈਂ ਵੱਸਦਾ ਦਿੱਸਦਾ ਹੈ ॥੧॥
54508	1269	ਅਨਾਥਾ ਨਾਥੁ ਦੀਨ ਦੁਖਭੰਜਨ ਆਪਿ ਲੀਏ ਲੜਿ ਲਾਈ॥		Anaathhaa Naathh Dheen Dhukh Bhanjan Aap Leeeae Larr Laaee ||	He is the Master of the masterless, the Destroyer of the pains of the poor; He has attached me to the hem of His robe.	ਪਰਮਾਤਮਾ ਨਿਖਸਮਿਆਂ ਦਾ ਖਸਮ ਹੈ, ਗ਼ਰੀਬਾਂ ਦੇ ਦੁੱਖ ਨਾਸ ਕਰਨ ਵਾਲਾ ਹੈ, ਉਹ (ਜੀਵਾਂ ਨੂੰ) ਆਪ ਆਪਣੇ ਲੜ ਲਾਂਦਾ ਹੈ।
54509	1269	ਹਰਿ ਕੀ ਓਟ ਜੀਵਹਿ ਦਾਸ ਤੇਰੇ ਨਾਨਕ ਪ੍ਰਭ ਸਰਣਾਈ॥੨॥੧੨॥੧੬॥		Har Kee Outt Jeevehi Dhaas Thaerae Naanak Prabh Saranaaee ||2||12||16||	O Lord, Your slaves live by Your Support; Nanak has come to the Sanctuary of God. ||2||12||16||	ਹੇ ਹਰੀ! ਹੇ ਪ੍ਰਭੂ! ਤੇਰੇ ਦਾਸ ਤੇਰੇ ਆਸਰੇ ਜੀਉਂਦੇ ਹਨ, ਮੈਂ ਨਾਨਕ ਭੀ ਤੇਰੀ ਹੀ ਸਰਨ ਪਿਆ ਹਾਂ ॥੨॥੧੨॥੧੬॥
54510	1269	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	

54511	1269	ਮਨ ਮੇਰੇ ਹਰਿ ਕੇ ਚਰਨ ਰਵੀਜੈ॥		Man Maerae Har Kae Charan Raveejai ||	O my mind, dwell on the Feet of the Lord.	ਹੇ ਮੇਰੇ ਮਨ! ਪਰਮਾਤਮਾ ਦੇ ਚਰਨ ਸਿਮਰਨੇ ਚਾਹੀਦੇ ਹਨ (ਗ਼ਰੀਬੀ ਸੁਭਾਵ ਵਿਚ ਟਿੱਕ ਕੇ ਪ੍ਰਭੂ ਦਾ ਸਿਮਰਨ ਕਰਨਾ ਚਾਹੀਦਾ ਹੈ)।
54512	1269	ਦਰਸ ਪਿਆਸ ਮੇਰੋ ਮਨੁ ਮੋਹਿਓ ਹਰਿ ਪੰਖ ਲਗਾਇ ਮਿਲੀਜੈ॥੧॥ਰਹਾਉ ॥		Dharas Piaas Maero Man Mohiou Har Pankh Lagaae Mileejai ||1|| Rehaao ||	My mind is enticed by thirst for the Blessed Vision of the Lord; I would take wings and fly out to meet Him. ||1||Pause||	ਮੇਰਾ ਮਨ ਪ੍ਰਭੂ ਦੇ ਦੀਦਾਰ ਦੀ ਤਾਂਘ ਵਿਚ ਮਗਨ ਰਹਿੰਦਾ ਹੈ (ਇਉਂ ਜੀ ਕਰਦਾ ਰਹਿੰਦਾ ਹੈ ਕਿ ਉਸ ਨੂੰ) ਉੱਡ ਕੇ ਭੀ ਜਾ ਮਿਲੀਏ ॥੧॥ ਰਹਾਉ ॥
54513	1269	ਖੋਜਤ ਖੋਜਤ ਮਾਰਗੁ ਪਾਇਓ ਸਾਧੂ ਸੇਵ ਕਰੀਜੈ॥		Khojath Khojath Maarag Paaeiou Saadhhoo Saev Kareejai ||	Searching and seeking, I have found the Path, and now I serve the Holy.	ਭਾਲ ਕਰਦਿਆਂ ਕਰਦਿਆਂ (ਗੁਰੂ ਪਾਸੋਂ ਮੈਂ ਪ੍ਰਭੂ ਦੇ ਮਿਲਾਪ ਦਾ) ਰਸਤਾ ਲੱਭ ਲਿਆ ਹੈ। ਗੁਰੂ ਦੀ ਸਰਨ ਪਏ ਰਹਿਣਾ ਚਾਹੀਦਾ ਹੈ।
54514	1269	ਧਾਰਿ ਅਨੁਗ੍ਰਹੁ ਸੁਆਮੀ ਮੇਰੇ ਨਾਮੁ ਮਹਾ ਰਸੁ ਪੀਜੈ॥੧॥	ਅ-ਨੁੱਗ੍ਰਹੁ	Dhhaar Anugrahu Suaamee Maerae Naam Mehaa Ras Peejai ||1||	O my Lord and Master, please be kind to me, that I may drink in Your most sublime essence. ||1||	ਹੇ ਮੇਰੇ ਮਾਲਕ ਪ੍ਰਭੂ! (ਮੇਰੇ ਉਤੇ) ਮਿਹਰ ਕਰ, ਤੇਰਾ ਬੜਾ ਹੀ ਸੁਆਦਲਾ ਨਾਮ-ਜਲ ਪੀਤਾ ਜਾ ਸਕੇ ॥੧॥

54515	1269	ਤ੍ਰਾਹਿ ਤ੍ਰਾਹਿ ਕਰਿ ਸਰਨੀ ਆਏ ਜਲਤਉ ਕਿਰਪਾ ਕੀਜੈ॥		Thraahi Thraahi Kar Saranee Aaeae Jalatho Kirapaa Keejai ||	Begging and pleading, I have come to Your Sanctuary; I am on fire - please shower me with Your Mercy!	(ਹੇ ਪ੍ਰਭੂ!) ਵਿਕਾਰਾਂ ਤੋਂ 'ਬਚਾ ਲੈ' 'ਬਚਾ ਲੈ'-ਇਹ ਆਖ ਕੇ (ਜੀਵ) ਤੇਰੀ ਸਰਨ ਆਉਂਦੇ ਹਨ। ਹੇ ਪ੍ਰਭੂ! (ਵਿਕਾਰਾਂ ਦੀ ਅੱਗ ਵਿਚ) ਸੜਦੇ ਉਤੇ (ਤੂੰ ਆਪ) ਮਿਹਰ ਕਰ।
54516	1269	ਕਰੁ ਗਹਿ ਲੇਹੁ ਦਾਸ ਅਪੁਨੇ ਕਉ ਨਾਨਕ ਅਪੁਨੋ ਕੀਜੈ॥੨॥੧੩॥੧੭॥		Kar Gehi Laehu Dhaas Apunae Ko Naanak Apuno Keejai ||2||13||17||	Please give me Your Hand - I am Your slave, O Lord. Please make Nanak Your Own. ||2||13||17||	(ਹੇ ਪ੍ਰਭੂ!) ਦਾਸ ਦਾ ਹੱਥ ਫੜ ਲੈ, ਮੈਨੂੰ ਨਾਨਕ ਨੂੰ ਆਪਣਾ ਬਣਾ ਲੈ ॥੨॥੧੩॥੧੭॥
54517	1270	ਮਲਾਰ ਮਃ ੫॥		Malaar Ma 5 ||	Malaar, Fifth Mehl:	
54518	1270	ਪ੍ਰਭ ਕੋ ਭਗਤਿ ਬਛਲੁ ਬਿਰਦਾਇਓ॥		Prabh Ko Bhagath Bashhal Biradhaaeiou ||	It is God's Nature to love His devotees.	(ਪਰਮਾਤਮਾ) ਭਗਤੀ ਨਾਲ ਪਿਆਰ ਕਰਨ ਵਾਲਾ (ਹੈ-ਇਹ) ਪਰਮਾਤਮਾ ਦਾ ਮੁੱਢ-ਕਦੀਮਾਂ ਦਾ ਸੁਭਾਉ ਹੈ।
54519	1270	ਨਿੰਦਕ ਮਾਰਿ ਚਰਨ ਤਲ ਦੀਨੇ ਅਪੁਨੋ ਜਸੁ ਵਰਤਾਇਓ॥੧॥ਰਹਾਉ॥		Nindhak Maar Charan Thal Dheenae Apuno Jas Varathaaeiou ||1|| Rehaao ||	He destroys the slanderers, crushing them beneath His Feet. His Glory is manifest everywhere. ||1||Pause||	(ਭਗਤੀ ਕਰਨ ਵਾਲਿਆਂ ਦੀ) ਨਿੰਦਾ ਕਰਨ ਵਾਲਿਆਂ ਨੂੰ ਆਤਮਕ ਤੌਰ ਤੇ ਨੀਵਾਂ ਰੱਖ ਕੇ (ਉਹਨਾਂ ਦੇ) ਪੈਰਾਂ ਹੇਠ ਰੱਖਦਾ ਹੈ (ਇਸ ਤਰ੍ਹਾਂ ਪਰਮਾਤਮਾ ਜਗਤ ਵਿਚ) ਆਪਣੀ ਸੋਭਾ ਖਿਲਾਰਦਾ ਹੈ ॥੧॥ ਰਹਾਉ ॥

54520	1270	ਜੈ ਜੈਕਾਰੁ ਕੀਨੋ ਸਭ ਜਗ ਮਹਿ ਦਇਆ ਜੀਅਨ ਮਹਿ ਪਾਇਓ॥		Jai Jai Kaar Keeno Sabh Jag Mehi Dhaeiaa Jeean Mehi Paaeiou ||	His Victory is celebrated all throughout the world. He blesses all creatures with compassion.	ਸਾਰੇ ਜਗਤ ਵਿਚ (ਪਰਮਾਤਮਾ ਆਪਣੇ ਦਾਸਾਂ ਦੀ) ਸੋਭਾ ਬਣਾਂਦਾ ਹੈ, (ਸਭ) ਜੀਵਾਂ ਦੇ ਦਿਲ ਵਿਚ (ਆਪਣੇ ਸੇਵਕਾਂ ਵਾਸਤੇ) ਆਦਰ-ਸਤਕਾਰ ਪੈਦਾ ਕਰਦਾ ਹੈ।
54521	1270	ਕੰਠਿ ਲਾਇ ਅਪੁਨੋ ਦਾਸੁ ਰਾਖਿਓ ਤਾਤੀ ਵਾਉ ਨ ਲਾਇਓ॥੧॥	ਤੱਾਤੀ	Kanth Laae Apuno Dhaas Raakhiou Thaathee Vaao N Laaeiou ||1||	Hugging him close in His Embrace, the Lord saves and protects His slave. The hot winds cannot even touch him. ||1||	ਪ੍ਰਭੂ ਆਪਣੇ ਸੇਵਕ ਨੂੰ ਆਪਣੇ ਗਲ ਨਾਲ ਲਾ ਕੇ ਰੱਖਦਾ ਹੈ, ਉਸ ਨੂੰ ਤੱਤੀ ਵਾ ਨਹੀਂ ਲੱਗਣ ਦੇਂਦਾ (ਰਤਾ ਭੀ ਔਖਿਆਈ ਨਹੀਂ ਹੋਣ ਦੇਂਦਾ) ॥੧॥
54522	1270	ਅੰਗੀਕਾਰੁ ਕੀਓ ਮੇਰੇ ਸੁਆਮੀ ਭ੍ਰਮੁ ਭਉ ਮੇਟਿ ਸੁਖਾਇਓ॥		Angeekaar Keeou Maerae Suaamee Bhram Bho Maett Sukhaaeiou ||	My Lord and Master has made me His Own; dispelling my doubts and fears, He has made me happy.	ਮੇਰੇ ਮਾਲਕ ਪ੍ਰਭੂ ਨੇ (ਆਪਣੇ ਸੇਵਕ ਦੀ ਸਦਾ) ਸਹਾਇਤਾ ਕੀਤੀ ਹੈ (ਸੇਵਕ ਦੇ ਅੰਦਰੋਂ) ਭਟਕਣਾ ਤੇ ਡਰ ਮਿਟਾ ਕੇ (ਉਸ ਨੂੰ) ਆਤਮਕ ਆਨੰਦ ਬਖ਼ਸ਼ਦਾ ਹੈ।
54523	1270	ਮਹਾ ਅਨੰਦ ਕਰਹੁ ਦਾਸ ਹਰਿ ਕੇ ਨਾਨਕ ਬਿਸ੍ਵਾਸੁ ਮਨਿ ਆਇਓ॥੨॥੧੪॥੧੮॥	ਬਿਸ੍ਵਾਸੁ: ਅੱਧਾ ਵਾਵਾ ਪੋਲਾ ਬੋਲੋ, ਪੂਰਾ ਵਾਵਾ ਭਰਵਾਂ ਬੋਲੀਦਾ ਹੈ	Mehaa Anandh Karahu Dhaas Har Kae Naanak Bisvaas Man Aaeiou ||2||14||18||	The Lord's slaves enjoy ultimate ecstasy; O Nanak, faith has welled up in my mind. ||2||14||18||	ਹੇ ਨਾਨਕ! ਹੇ ਪ੍ਰਭੂ ਦੇ ਸੇਵਕ! ਤੇਰੇ ਮਨ ਵਿਚ (ਪ੍ਰਭੂ ਵਾਸਤੇ) ਸਰਧਾ ਬਣ ਚੁਕੀ ਹੈ, ਤੂੰ ਬੇਸ਼ੱਕ ਆਤਮਕ ਆਨੰਦ ਮਾਣਦਾ ਰਹੁ (ਭਾਵ, ਜਿਸ ਦੇ ਅੰਦਰ ਪਰਮਾਤਮਾ ਵਾਸਤੇ ਸਰਧਾ-ਪਿਆਰ ਹੈ, ਉਹ ਜ਼ਰੂਰ ਆਨੰਦ ਮਾਣਦਾ ਹੈ) ॥੨॥੧੪॥੧੮॥

54524	1270	ਰਾਗੁ ਮਲਾਰ ਮਹਲਾ ੫ ਚਉਪਦੇ ਘਰੁ ੨	ਚਉ-ਪਦੇ	Raag Malaar Mehalaa 5 Choupadhae Ghar 2	Raag Malaar, Fifth Mehl, Chau-Padas, Second House:	ਰਾਗ ਮਲਾਰ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
54525	1270	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
54526	1270	ਗੁਰਮੁਖਿ ਦੀਸੈ ਬ੍ਰਹਮ ਪਸਾਰੁ॥		Guramukh Dheesai Breham Pasaar ||	The Gurmukh sees God pervading everywhere.	ਗੁਰੂ ਦੀ ਸਰਨ ਪਿਆਂ (ਇਹ ਸਾਰਾ ਜਗਤ) ਪਰਮਾਤਮਾ ਦਾ ਖਿਲਾਰਾ ਦਿੱਸਦਾ ਹੈ,
54527	1270	ਗੁਰਮੁਖਿ ਤ੍ਰੈ ਗੁਣੀਆਂ ਬਿਸਥਾਰੁ॥		Guramukh Thrai Guneeaaan Bisathhaar ||	The Gurmukh knows that the universe is the extension of the three gunas, the three dispositions.	ਗੁਰੂ ਦੀ ਸਰਨ ਪਿਆਂ (ਇਹ ਭੀ ਦਿੱਸ ਪੈਂਦਾ ਹੈ ਕਿ ਇਹ) ਮਾਇਆ ਦੇ ਤਿੰਨਾਂ ਗੁਣਾਂ ਦਾ ਖਿਲਾਰਾ ਹੈ।
54528	1270	ਗੁਰਮੁਖਿ ਨਾਦ ਬੇਦ ਬੀਚਾਰੁ॥		Guramukh Naadh Baedh Beechaar ||	The Gurmukh reflects on the Sound-current of the Naad, and the wisdom of the Vedas.	ਗੁਰੂ ਦੀ ਸਰਨ ਪੈਣਾ ਹੀ (ਜੋਗੀਆਂ ਦੇ) ਨਾਦ ਦਾ (ਅਤੇ ਪੰਡਿਤਾਂ ਦੇ) ਵੇਦ ਦਾ ਵਿਚਾਰ ਹੈ।
54529	1270	ਬਿਨੁ ਗੁਰ ਪੂਰੇ ਘੋਰ ਅੰਧਾਰੁ॥੧॥		Bin Gur Poorae Ghor Andhhaar ||1||	Without the Perfect Guru, there is only pitch-black darkness. ||1||	ਪੂਰੇ ਗੁਰੂ ਦੀ ਸਰਨ ਤੋਂ ਬਿਨਾ (ਆਤਮਕ ਜੀਵਨ ਵਲੋਂ) ਘੁੱਪ ਹਨੇਰਾ (ਬਣਿਆ ਰਹਿੰਦਾ) ਹੈ ॥੧॥
54530	1270	ਮੇਰੇ ਮਨ ਗੁਰੁ ਗੁਰੁ ਕਰਤ ਸਦਾ ਸੁਖੁ ਪਾਈਐ॥		Maerae Man Gur Gur Karath Sadhaa Sukh Paaeeai ||	O my mind, calling on the Guru, eternal peace is found.	ਹੇ ਮੇਰੇ ਮਨ! ਗੁਰੂ ਨੂੰ ਹਰ ਵੇਲੇ ਯਾਦ ਕਰਦਿਆਂ ਸਦਾ ਆਤਮਕ ਆਨੰਦ ਮਾਣ ਸਕੀਦਾ ਹੈ।

54531	1270	ਗੁਰ ਉਪਦੇਸਿ ਹਰਿ ਹਿਰਦੈ ਵਸਿਓ ਸਾਸਿ ਗਿਰਾਸਿ ਅਪਣਾ ਖਸਮੁ ਧਿਆਈਐ॥੧॥ਰਹਾਉ॥		Gur Oupadhaes Har Hiradhai Vasiou Saas Giraas Apanaa Khasam Dhhiaaeeai ||1|| Rehaao ||	Following the Guru's Teachings, the Lord comes to dwell within the heart; I meditate on my Lord and Master with every breath and morsel of food. ||1||Pause||	ਗੁਰੂ ਦੇ ਉਪਦੇਸ ਨਾਲ ਪਰਮਾਤਮਾ ਹਿਰਦੇ ਵਿਚ ਆ ਵੱਸਦਾ ਹੈ। ਹੇ ਮਨ! (ਗੁਰੂ ਦੀ ਸਰਨ ਪੈ ਕੇ) ਹਰੇਕ ਸਾਹ ਦੇ ਨਾਲ ਹਰੇਕ ਗਿਰਾਹੀ ਦੇ ਨਾਲ ਆਪਣੇ ਮਾਲਕ-ਪ੍ਰਭੂ ਦਾ ਨਾਮ ਸਿਮਰਨਾ ਚਾਹੀਦਾ ਹੈ ॥੧॥ ਰਹਾਉ ॥
54532	1270	ਗੁਰ ਕੇ ਚਰਣ ਵਿਟਹੁ ਬਲਿ ਜਾਉ॥		Gur Kae Charan Vittahu Bal Jaao ||	I am a sacrifice to the Guru's Feet.	ਮੈਂ ਗੁਰੂ ਦੇ ਚਰਨਾਂ ਤੋਂ ਕੁਰਬਾਨ ਜਾਂਦਾ ਹਾਂ,
54533	1270	ਗੁਰ ਕੇ ਗੁਣ ਅਨ ਦਿਨੁ ਨਿਤ ਗਾਉ॥		Gur Kae Gun Anadhin Nith Gaao ||	Night and day, I continually sing the Glorious Praises of the Guru.	ਮੈਂ ਹਰ ਵੇਲੇ ਸਦਾ ਗੁਰੂ ਦੇ ਗੁਣ ਗਾਂਦਾ ਹਾਂ,
54534	1270	ਗੁਰ ਕੀ ਧੂੜਿ ਕਰਉ ਇਸਨਾਨੁ॥		Gur Kee Dhhoorr Karo Eisanaan ||	I take my cleansing bath in the dust of the Guru's Feet.	ਮੈਂ ਗੁਰੂ ਦੇ ਚਰਨਾਂ ਦੀ ਧੂੜ ਵਿਚ ਇਸ਼ਨਾਨ ਕਰਦਾ ਹਾਂ।
54535	1270	ਸਾਚੀ ਦਰਗਹ ਪਾਈਐ ਮਾਨੁ॥੨॥		Saachee Dharageh Paaeeai Maan ||2||	I am honored in the True Court of the Lord. ||2||	(ਗੁਰੂ ਦੀ ਮਿਹਰ ਨਾਲ ਹੀ) ਸਦਾ ਕਾਇਮ ਰਹਿਣ ਵਾਲੀ ਦਰਗਾਹ ਵਿਚ ਆਦਰ ਹਾਸਲ ਕਰੀਦਾ ਹੈ ॥੨॥

54536	1270	ਗੁਰੁ ਬੋਹਿਥੁ ਭਵਜਲ ਤਾਰਣਹਾਰੁ॥		Gur Bohithh Bhavajal Thaaranehaar ||	The Guru is the boat, to carry me across the terrifying world-ocean.	ਗੁਰੂ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਸਕਣ ਵਾਲਾ ਜਹਾਜ਼ ਹੈ।
54537	1270	ਗੁਰਿ ਭੇਟਿਐ ਨ ਹੋਇ ਜੋਨਿ ਅਉਤਾਰੁ॥		Gur Bhaettiai N Hoe Jon Aouthaar ||	Meeting with the Guru, I shall not be reincarnated ever again.	ਜੇ ਗੁਰੂ ਮਿਲ ਪਏ ਤਾਂ ਫਿਰ ਜੂਨਾਂ ਵਿਚ ਜਨਮ ਨਹੀਂ ਹੁੰਦਾ।
54538	1270	ਗੁਰ ਕੀ ਸੇਵਾ ਸੋ ਜਨੁ ਪਾਏ॥		Gur Kee Saevaa So Jan Paaeae ||	That humble being serves the Guru,	ਪਰ ਉਹ ਮਨੁੱਖ (ਹੀ) ਗੁਰੂ ਦੀ ਸੇਵਾ (ਦਾ ਅਵਸਰ) ਪ੍ਰਾਪਤ ਕਰਦਾ ਹੈ,
54539	1270	ਜਾ ਕਉ ਕਰਮਿ ਲਿਖਿਆ ਧੁਰਿ ਆਏ॥੩॥		Jaa Ko Karam Likhiaa Dhhur Aaeae ||3||	Who has such karma inscribed on his forehead by the Primal Lord. ||3||	ਜਿਸ ਦੇ ਮੱਥੇ ਉੱਤੇ ਧੁਰ ਦਰਗਾਹ ਤੋਂ (ਪ੍ਰਭੂ ਦੀ) ਮਿਹਰ ਨਾਲ (ਇਹ ਲੇਖ) ਲਿਖਿਆ ਹੁੰਦਾ ਹੈ ॥੩॥
54540	1270	ਗੁਰੁ ਮੇਰੀ ਜੀਵਨਿ ਗੁਰੁ ਆਧਾਰੁ॥		Gur Maeree Jeevan Gur Aadhhaar ||	The Guru is my life; the Guru is my support.	ਗੁਰੂ (ਹੀ) ਮੇਰੀ ਜ਼ਿੰਦਗੀ ਹੈ, ਗੁਰੂ ਮੇਰਾ ਆਸਰਾ ਹੈ,
54541	1270	ਗੁਰੁ ਮੇਰੀ ਵਰਤਣਿ ਗੁਰੁ ਪਰਵਾਰੁ॥		Gur Maeree Varathan Gur Paravaar ||	The Guru is my way of life; the Guru is my family.	ਗੁਰੂ ਹੀ ਮੇਰਾ ਹਰ ਵੇਲੇ ਦਾ ਸਹਾਰਾ ਹੈ, ਗੁਰੂ ਹੀ (ਮੇਰੇ ਮਨ ਨੂੰ ਢਾਰਸ ਦੇਣ ਵਾਲਾ) ਮੇਰਾ ਪਰਵਾਰ ਹੈ,
54542	1270	ਗੁਰੁ ਮੇਰਾ ਖਸਮੁ ਸਤਿਗੁਰ ਸਰਣਾਈ॥		Gur Maeraa Khasam Sathigur Saranaaee ||	The Guru is my Lord and Master; I seek the Sanctuary of the True Guru.	ਗੁਰੂ ਮੇਰਾ ਮਾਲਕ ਹੈ, ਮੈਂ ਸਦਾ ਗੁਰੂ ਦੀ ਸਰਨ ਪਿਆ ਰਹਿੰਦਾ ਹਾਂ।

54543	1270	ਨਾਨਕ ਗੁਰੁ ਪਾਰਬ੍ਰਹਮੁ ਜਾ ਕੀ ਕੀਮ ਨ ਪਾਈ॥੪॥੧॥੧੯॥		Naanak Gur Paarabreham Jaa Kee Keem N Paaee ||4||1||19||	O Nanak, the Guru is the Supreme Lord God; His value cannot be estimated. ||4||1||19||	ਹੇ ਨਾਨਕ! ਗੁਰੂ ਪਰਮਾਤਮਾ (ਦਾ ਰੂਪ) ਹੈ, ਜਿਸ ਦਾ ਮੁੱਲ ਨਹੀਂ ਪੈ ਸਕਦਾ ॥੪॥੧॥੧੯॥
54544	1270	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54545	1270	ਗੁਰ ਕੇ ਚਰਨ ਹਿਰਦੈ ਵਸਾਏ॥		Gur Kae Charan Hiradhai Vasaaeae ||	I enshrine the Lord's Feet within my heart;	(ਪ੍ਰਭੂ ਦਾ ਸੇਵਕ) ਗੁਰੂ ਦੇ ਚਰਨਾਂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ.
54546	1270	ਕਰਿ ਕਿਰਪਾ ਪ੍ਰਭਿ ਆਪਿ ਮਿਲਾਏ॥		Kar Kirapaa Prabh Aap Milaaeae ||	In His Mercy, God has united me with Himself.	(ਇਹ ਭੀ ਪ੍ਰਭੂ ਦੀ ਆਪਣੀ ਹੀ ਮਿਹਰ ਹੁੰਦੀ ਹੈ) ਪ੍ਰਭੂ ਨੇ ਆਪ (ਹੀ) ਮਿਹਰ ਕਰ ਕੇ (ਉਸ ਨੂੰ ਗੁਰੂ ਚਰਨਾਂ ਵਿਚ) ਜੋੜਿਆ ਹੁੰਦਾ ਹੈ।
54547	1270	ਅਪਨੇ ਸੇਵਕ ਕਉ ਲਏ ਪ੍ਰਭੁ ਲਾਇ॥		Apanae Saevak Ko Leae Prabh Laae ||	God enjoins His servant to his tasks.	ਪ੍ਰਭੂ ਆਪਣੇ ਸੇਵਕ ਨੂੰ (ਚਰਨਾਂ ਵਿਚ) ਜੋੜੀ ਰੱਖਦਾ ਹੈ,
54548	1270	ਤਾ ਕੀ ਕੀਮਤਿ ਕਹੀ ਨ ਜਾਇ॥੧॥		Thaa Kee Keemath Kehee N Jaae ||1||	His worth cannot be expressed. ||1||	ਉਸ (ਮਾਲਕ ਦਾ) ਵਡੱਪਣ ਬਿਆਨ ਨਹੀਂ ਕੀਤਾ ਜਾ ਸਕਦਾ ॥੧॥
54549	1270	ਕਰਿ ਕਿਰਪਾ ਪੂਰਨ ਸੁਖਦਾਤੇ॥		Kar Kirapaa Pooran Sukhadhaathae ||	Please be merciful to me, O Perfect Giver of peace.	ਹੇ ਸਰਬ-ਵਿਆਪਕ! ਹੇ ਸੁਖ ਦੇਣ ਵਾਲੇ ਪ੍ਰਭੂ! ਮਿਹਰ ਕਰ (ਮੇਰੇ ਚਿੱਤ ਵਿਚ ਆ ਵੱਸ),

54550	1270	ਤੁਮ੍ਰੀ ਕ੍ਰਿਪਾ ਤੇ ਤੂੰ ਚਿਤਿ ਆਵਹਿ ਆਠ ਪਹਰ ਤੇਰੈ ਰੰਗਿ ਰਾਤੇ॥੧॥ਰਹਾਉ॥		Thumharee Kirapaa Thae Thoon Chith Aavehi Aath Pehar Thaerai Rang Raathae ||1|| Rehaao ||	By Your Grace, You come to mind; I am imbued with Your Love, twenty-four hours a day. ||1||Pause||	ਤੂੰ ਆਪਣੀ ਮਿਹਰ ਨਾਲ ਹੀ (ਜੀਵਾਂ ਦੇ) ਚਿੱਤ ਵਿਚ ਆਉਂਦਾ ਹੈਂ, (ਜਿਨ੍ਹਾਂ ਦੇ ਚਿੱਤ ਵਿਚ ਤੂੰ ਆ ਵੱਸਦਾ ਹੈਂ, ਉਹ) ਅੱਠੇ ਪਹਰ ਤੇਰੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ ॥੧॥ ਰਹਾਉ ॥
54551	1270	ਗਾਵਣੁ ਸੁਨਣੁ ਸਭੁ ਤੇਰਾ ਭਾਣਾ॥		Gaavan Sunan Sabh Thaeraa Bhaanaa ||	Singing and listening, it is all by Your Will.	ਹੇ ਪ੍ਰਭੂ! ਜਦੋਂ ਤੇਰੀ ਰਜ਼ਾ ਹੁੰਦੀ ਹੈ ਤਦੋਂ ਹੀ ਤੇਰੀ ਸਿਫ਼ਤ-ਸਾਲਾਹ ਗਾਈ ਜਾ ਸਕਦੀ ਹੈ ਤੇਰਾ ਨਾਮ ਸੁਣਿਆ ਜਾ ਸਕਦਾ ਹੈ।
54552	1270	ਹੁਕਮੁ ਬੂਝੈ ਸੋ ਸਾਚਿ ਸਮਾਣਾ॥		Hukam Boojhai So Saach Samaanaa ||	One who understands the Hukam of Your Command is absorbed in Truth.	(ਜਿਹੜਾ ਮਨੁੱਖ ਤੇਰੇ) ਹੁਕਮ ਨੂੰ ਸਮਝਦਾ ਹੈ, ਉਹ (ਤੇਰੇ) ਸਦਾ-ਥਿਰ ਨਾਮ ਵਿਚ ਲੀਨ ਰਹਿੰਦਾ ਹੈ।
54553	1270	ਜਪਿ ਜਪਿ ਜੀਵਹਿ ਤੇਰਾ ਨਾਂਉ॥		Jap Jap Jeevehi Thaeraa Naano ||	Chanting and meditating on Your Name, I live.	ਹੇ ਪ੍ਰਭੂ! (ਤੇਰੇ ਸੇਵਕ) ਤੇਰਾ ਨਾਮ ਜਪ ਜਪ ਕੇ ਆਤਮਕ ਜੀਵਨ ਹਾਸਲ ਕਰਦੇ ਹਨ,
54554	1270	ਤੁਝ ਬਿਨੁ ਦੂਜਾ ਨਾਹੀ ਥਾਉ॥੨॥		Thujh Bin Dhoojaa Naahee Thhaao ||2||	Without You, there is no place at all. ||2||	ਉਹਨਾਂ ਨੂੰ ਤੈਥੋਂ ਬਿਨਾ ਹੋਰ ਕੋਈ ਸਹਾਰਾ ਨਹੀਂ ਹੁੰਦਾ ॥੨॥
54555	1270	ਦੁਖ ਸੁਖ ਕਰਤੇ ਹੁਕਮੁ ਰਜਾਇ॥		Dhukh Sukh Karathae Hukam Rajaae ||	Pain and pleasure come by Your Command, O Creator Lord.	ਇਹ ਕਰਤਾਰ ਦਾ ਹੁਕਮ ਹੈ ਕਰਤਾਰ ਦੀ ਰਜ਼ਾ ਹੈ (ਕਦੇ) ਦੁੱਖ (ਕਦੇ) ਸੁਖ (ਦੇਂਦਾ ਹੈ)।

54556	1270	ਭਾਣੈ ਬਖਸ ਭਾਣੈ ਦੇਇ ਸਜਾਇ॥		Bhaanai Bakhas Bhaanai Dhaee Sajaae ||	By the Pleasure of Your Will You forgive, and by the Pleasure of Your Will You award punishment.	ਆਪਣੀ ਰਜ਼ਾ ਵਿਚ (ਕਿਸੇ ਉੱਤੇ) ਬਖ਼ਸ਼ਸ਼ (ਕਰਦਾ ਹੈ, ਕਿਸੇ ਨੂੰ) ਸਜ਼ਾ ਦੇਂਦਾ ਹੈ।
54557	1270	ਦੁਹਾਂ ਸਿਰਿਆਂ ਕਾ ਕਰਤਾ ਆਪਿ॥		Dhuhaan Siriaaan Kaa Karathaa Aap ||	You are the Creator of both realms.	(ਬਖ਼ਸ਼ਸ਼ ਅਤੇ ਸਜ਼ਾ-ਇਹਨਾਂ) ਦੋਹਾਂ ਪਾਸਿਆਂ ਦਾ ਕਰਤਾਰ ਆਪ ਹੀ ਮਾਲਕ ਹੈ।
54558	1270	ਕੁਰਬਾਣੁ ਜਾਂਈ ਤੇਰੇ ਪਰਤਾਪ॥੩॥		Kurabaan Jaanee Thaerae Parathaap ||3||	I am a sacrifice to Your Glorious Grandeur. ||3||	ਹੇ ਪ੍ਰਭੂ! ਤੇਰੇ (ਇਤਨੇ ਵੱਡੇ) ਪਰਤਾਪ ਤੋਂ ਮੈਂ ਸਦਕੇ ਜਾਂਦਾ ਹਾਂ ॥੩॥
54559	1270	ਤੇਰੀ ਕੀਮਤਿ ਤੂਹੈ ਜਾਣਹਿ॥		Thaeree Keemath Thoohai Jaanehi ||	You alone know Your value.	ਹੇ ਪ੍ਰਭੂ! (ਤੂੰ ਕਿਤਨਾ ਵੱਡਾ ਹੈਂ-ਆਪਣੀ ਇਹ) ਕੀਮਤ ਤੂੰ ਆਪ ਹੀ ਜਾਣਦਾ ਹੈਂ।
54560	1270	ਤੂ ਆਪੇ ਬੂਝਹਿ ਸੁਣਿ ਆਪਿ ਵਖਾਣਹਿ॥		Thoo Aapae Boojhehi Sun Aap Vakhaanehi ||	You alone understand, You Yourself speak and listen.	ਤੂੰ ਆਪ ਹੀ (ਆਪਣੀ ਰਜ਼ਾ ਨੂੰ) ਸਮਝਦਾ ਹੈਂ, (ਆਪਣੇ ਹੁਕਮ ਨੂੰ) ਸੁਣ ਕੇ ਤੂੰ ਆਪ ਹੀ (ਉਸ ਦੀ) ਵਿਆਖਿਆ ਕਰਦਾ ਹੈਂ।
54561	1270	ਸੇਈ ਭਗਤ ਜੋ ਤੁਧੁ ਭਾਣੇ॥		Saeee Bhagath Jo Thudhh Bhaanae ||	They alone are devotees, who are pleasing to Your Will.	ਹੇ ਪ੍ਰਭੂ! ਉਹੀ ਮਨੁੱਖ ਤੇਰੇ (ਅਸਲ) ਭਗਤ ਹਨ ਜਿਹੜੇ ਤੈਨੂੰ ਚੰਗੇ ਲੱਗਦੇ ਹਨ।
54562	1271	ਨਾਨਕ ਤਿਨ ਕੈ ਸਦ ਕੁਰਬਾਣੇ॥੪॥੨॥੨੦॥		Naanak Thin Kai Sadh Kurabaanae ||4||2||20||	Nanak is forever a sacrifice to them. ||4||2||20||	ਹੇ ਨਾਨਕ! ਮੈਂ ਉਹਨਾਂ ਤੋਂ ਸਦਾ ਸਦਕੇ ਜਾਂਦਾ ਹਾਂ ॥੪॥੨॥੨੦॥

54563	1271	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54564	1271	ਪਰਮੇਸਰੁ ਹੋਆ ਦਇਆਲੁ॥		Paramaesar Hoaa Dhaeiaal ||	The Transcendent Lord God has become merciful;	(ਜਿਸ ਮਨੁੱਖ ਉੱਤੇ) ਪਰਮਾਤਮਾ ਦਇਆਵਾਨ ਹੁੰਦਾ ਹੈ,
54565	1271	ਮੇਘੁ ਵਰਸੈ ਅੰਮ੍ਰਿਤਧਾਰ॥		Maegh Varasai Anmrith Dhhaar ||	Ambrosial Nectar is raining down from the clouds.	(ਉਸ ਦੇ ਹਿਰਦੇ ਵਿਚ ਗੁਰੂ ਦਾ ਉਪਦੇਸ਼) ਬੱਦਲ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀਆਂ ਧਾਰਾਂ ਦੀ ਵਰਖਾ ਕਰਦਾ ਹੈ।
54566	1271	ਸਗਲੇ ਜੀਅ ਜੰਤ ਤ੍ਰਿਪਤਾਸੇ॥		Sagalae Jeea Janth Thripathaasae ||	All beings and creatures are satisfied;	(ਜਿਨ੍ਹਾਂ ਉੱਤੇ ਇਹ ਵਰਖਾ ਹੁੰਦੀ ਹੈ, ਉਹ) ਸਾਰੇ ਜੀਵ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦੇ ਹਨ।
54567	1271	ਕਾਰਜ ਆਏ ਪੂਰੇ ਰਾਸੇ॥੧॥		Kaaraj Aaeae Poorae Raasae ||1||	Their affairs are perfectly resolved. ||1||	ਉਹਨਾਂ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ ॥੧॥
54568	1271	ਸਦਾ ਸਦਾ ਮਨ ਨਾਮੁ ਸਮ੍ਹਾਲਿ॥		Sadhaa Sadhaa Man Naam Samhaal ||	O my mind, dwell on the Lord, forever and ever.	ਹੇ (ਮੇਰੇ) ਮਨ! ਸਦਾ ਹੀ ਪਰਮਾਤਮਾ ਦਾ ਨਾਮ ਯਾਦ ਕਰਦਾ ਰਹੁ।
54569	1271	ਗੁਰ ਪੂਰੇ ਕੀ ਸੇਵਾ ਪਾਇਆ ਐਥੈ ਓਥੈ ਨਿਬਹੈ ਨਾਲਿ॥੧॥ਰਹਾਉ॥		Gur Poorae Kee Saevaa Paaeiaa Aithhai Outhhai Nibehai Naal ||1|| Rehaao ||	Serving the Perfect Guru, I have obtained it. It shall stay with me both here and hereafter. ||1||Pause||	(ਇਹ ਨਾਮ) ਪੂਰੇ ਗੁਰੂ ਦੀ ਸਰਨ ਪਿਆਂ ਮਿਲਦਾ ਹੈ, ਅਤੇ ਇਸ ਲੋਕ ਤੇ ਪਰਲੋਕ ਵਿਚ (ਜੀਵ ਦੇ ਨਾਲ) ਸਾਥ ਦੇਂਦਾ ਹੈ ॥੧॥ ਰਹਾਉ ॥

54570	1271	ਦੁਖੁ ਭੰਨਾ ਭੈ ਭੰਜਨਹਾਰ॥		Dhukh Bhannaa Bhai Bhanjanehaar ||	He is the Destroyer of pain, the Eradicator of fear.	(ਜੀਵਾਂ ਦੇ) ਸਾਰੇ ਡਰ ਨਾਸ ਕਰ ਸਕਣ ਵਾਲੇ ਉਸ ਪ੍ਰਭੂ ਨੇ-
54571	1271	ਆਪਣਿਆ ਜੀਆ ਕੀ ਕੀਤੀ ਸਾਰ॥		Aapaniaa Jeeaa Kee Keethee Saar ||	He takes care of His beings.	ਆਪਣੇ ਪੈਦਾ ਕੀਤੇ ਜੀਵਾਂ ਦੀ ਸਦਾ ਸੰਭਾਲ ਕੀਤੀ ਹੈ, ਤੇ (ਜੀਵਾਂ ਦਾ) ਹਰੇਕ ਦੁੱਖ ਦੂਰ ਕੀਤਾ ਹੈ।
54572	1271	ਰਾਖਨਹਾਰ ਸਦਾ ਮਿਹਰਵਾਨ॥		Raakhanehaar Sadhaa Miharavaan ||	The Savior Lord is kind and compassionate forever.	ਰੱਖਿਆ ਕਰਨ ਦੀ ਸਮਰਥਾ ਵਾਲਾ ਪਰਮਾਤਮਾ (ਜੀਵਾਂ ਉੱਤੇ) ਸਦਾ ਦਇਆਵਾਨ ਰਹਿੰਦਾ ਹੈ,
54573	1271	ਸਦਾ ਸਦਾ ਜਾਈਐ ਕੁਰਬਾਨ॥੨॥		Sadhaa Sadhaa Jaaeeai Kurabaan ||2||	I am a sacrifice to Him, forever and ever. ||2||	ਉਸ ਦੇ (ਚਰਨਾਂ) ਤੋਂ ਸਦਾ ਸਦਕੇ ਜਾਣਾ ਚਾਹੀਦਾ ਹੈ ॥੨॥
54574	1271	ਕਾਲੁ ਗਵਾਇਆ ਕਰਤੈ ਆਪਿ॥		Kaal Gavaaeiaa Karathai Aap ||	The Creator Himself has eliminated death.	(ਜਿਸ ਨੇ ਭੀ ਨਾਮ ਜਪਿਆ ਹੈ) ਕਰਤਾਰ ਨੇ (ਉਸ ਦੇ ਸਿਰ ਤੋਂ ਆਤਮਕ) ਮੌਤ ਦੂਰ ਕਰ ਦਿੱਤੀ।
54575	1271	ਸਦਾ ਸਦਾ ਮਨ ਤਿਸ ਨੋ ਜਾਪਿ॥		Sadhaa Sadhaa Man This No Jaap ||	Meditate on Him forever and ever, O my mind.	(ਤਾਂ ਤੇ) ਹੇ ਮਨ! ਸਦਾ ਹੀ ਸਦਾ ਹੀ ਉਸ ਪਰਮਾਤਮਾ ਦਾ ਨਾਮ ਜਪਿਆ ਕਰ।
54576	1271	ਦ੍ਰਿਸਟਿ ਧਾਰਿ ਰਾਖੇ ਸਭਿ ਜੰਤ॥		Dhrisatt Dhhaar Raakhae Sabh Janth ||	He watches all with His Glance of Grace and protects them.	(ਉਸ ਭਗਵਾਨ ਨੇ) ਮਿਹਰ ਦੀ ਨਿਗਾਹ ਕਰ ਕੇ ਸਾਰੇ ਜੀਵਾਂ ਦੀ (ਸਦਾ) ਰੱਖਿਆ ਕੀਤੀ ਹੈ।

54577	1271	ਗੁਣ ਗਾਵਹੁ ਨਿਤ ਨਿਤ ਭਗਵੰਤ॥੩॥		Gun Gaavahu Nith Nith Bhagavanth ||3||	Continually and continuously, sing the Glorious Praises of the Lord God. ||3||	ਭਗਵਾਨ ਦੇ ਗੁਣ ਸਦਾ ਹੀ ਗਾਂਦੇ ਰਹੋ ॥੩॥
54578	1271	ਏਕੋ ਕਰਤਾ ਆਪੇ ਆਪ॥		Eaeko Karathaa Aapae Aap ||	The One and Only Creator Lord is Himself by Himself.	ਕਰਤਾਰ ਆਪ ਹੀ ਆਪ (ਹਰ ਥਾਂ ਮੌਜੂਦ) ਹੈ,
54579	1271	ਹਰਿ ਕੇ ਭਗਤ ਜਾਣਹਿ ਪਰਤਾਪ॥		Har Kae Bhagath Jaanehi Parathaap ||	The Lord's devotees know His Glorious Grandeur.	ਉਸਦੇ ਭਗਤ ਉਸ ਦਾ ਤੇਜ-ਪਰਤਾਪ ਜਾਣਦੇ ਹਨ।
54580	1271	ਨਾਵੈ ਕੀ ਪੈਜ ਰਖਦਾ ਆਇਆ॥		Naavai Kee Paij Rakhadhaa Aaeiaa ||	He preserves the Honor of His Name.	(ਉਹ ਸਰਨ-ਜੋਗ ਹੈ, ਸਰਨ ਪਿਆਂ ਦੀ ਬਾਂਹ ਫੜਦਾ ਹੈ, ਆਪਣੇ ਇਸ) ਨਾਮ ਦੀ ਲਾਜ ਉਹ (ਸਦਾ ਹੀ) ਰੱਖਦਾ ਆ ਰਿਹਾ ਹੈ।
54581	1271	ਨਾਨਕੁ ਬੋਲੈ ਤਿਸ ਕਾ ਬੋਲਾਇਆ॥੪॥੩॥੨੧॥		Naanak Bolai This Kaa Bolaaeiaa ||4||3||21||	Nanak speaks as the Lord inspires him to speak. ||4||3||21||	ਉਸ ਦਾ ਦਾਸ ਨਾਨਕ ਉਸ (ਕਰਤਾਰ) ਦਾ ਪਰੇਰਿਆ ਹੋਇਆ ਹੀ (ਉਸਦੀ ਸਿਫ਼ਤ-ਸਾਲਾਹ ਦਾ ਬੋਲ) ਬੋਲਦਾ ਹੈ ॥੪॥੩॥੨੧॥
54582	1271	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54583	1271	ਗੁਰ ਸਰਣਾਈ ਸਗਲ ਨਿਧਾਨ॥		Gur Saranaaee Sagal Nidhhaan ||	All treasures are found in the Sanctuary of the Guru.	ਗੁਰੂ ਦੀ ਸਰਨ ਪਏ ਰਿਹਾਂ ਸਾਰੇ ਖ਼ਜ਼ਾਨੇ (ਮਿਲ ਜਾਂਦੇ ਹਨ);

54584	1271	ਸਾਚੀ ਦਰਗਹਿ ਪਾਈਐ ਮਾਨੁ॥		Saachee Dharagehi Paaeeai Maan ||	Honor is obtained in the True Court of the Lord.	ਸਦਾ ਕਾਇਮ ਰਹਿਣ ਵਾਲੀ ਰੱਬੀ ਦਰਗਾਹ ਵਿਚ ਆਦਰ ਮਿਲਦਾ ਹੈ।
54585	1271	ਭ੍ਰਮੁ ਭਉ ਦੂਖੁ ਦਰਦੁ ਸਭੁ ਜਾਇ॥		Bhram Bho Dhookh Dharadh Sabh Jaae ||	Doubt, fear, pain and suffering are taken away,	(ਜਿਹੜਾ ਮਨੁੱਖ ਪਰਮਾਤਮਾ ਦੇ ਗਾਂਦਾ ਹੈ, ਉਸ ਦਾ) ਭਰਮ; ਡਰ, ਹਰੇਕ ਦੁੱਖ-ਦਰਦ ਦੂਰ ਹੋ ਜਾਂਦਾ ਹੈ।
54586	1271	ਸਾਧਸੰਗਿ ਸਦ ਹਰਿ ਗੁਣ ਗਾਇ॥੧॥		Saadhhasang Sadh Har Gun Gaae ||1||	Forever singing the Glorious Praises of the Lord in the Saadh Sangat, the Company of the Holy. ||1||	(ਤਾਂ ਤੇ) ਗੁਰੂ ਦੀ ਸੰਗਤ ਵਿਚ ਰਹਿ ਕੇ ਸਦਾ ਪਰਮਾਤਮਾ ਦੇ ਗੁਣ ਗਾਇਆ ਕਰ ॥੧॥
54587	1271	ਮਨ ਮੇਰੇ ਗੁਰੁ ਪੂਰਾ ਸਾਲਾਹਿ॥		Man Maerae Gur Pooraa Saalaahi ||	O my mind, praise the Perfect Guru.	ਹੇ ਮੇਰੇ ਮਨ! ਪੂਰੇ ਗੁਰੂ ਦੀ (ਸਦਾ) ਸਿਫ਼ਤ-ਸਾਲਾਹ ਕਰਿਆ ਕਰ।
54588	1271	ਨਾਮੁ ਨਿਧਾਨੁ ਜਪਹੁ ਦਿਨੁ ਰਾਤੀ ਮਨ ਚਿੰਦੇ ਫਲ ਪਾਇ॥੧॥ਰਹਾਉ॥		Naam Nidhhaan Japahu Dhin Raathee Man Chindhae Fal Paae ||1|| Rehaao ||	Chant the treasure of the Naam, the Name of the Lord, day and night. You shall obtain the fruits of your mind's desires. ||1||Pause||	(ਗੁਰੂ ਦੀ ਸਰਨ ਪੈ ਕੇ) ਦਿਨ ਰਾਤ ਪਰਮਾਤਮਾ ਦਾ ਨਾਮ ਜਪਿਆ ਕਰ (ਇਹੀ ਹੈ ਸਾਰੇ ਸੁਖਾਂ ਦਾ) ਖ਼ਜ਼ਾਨਾ। (ਜਿਹੜਾ ਮਨੁੱਖ ਜਪਦਾ ਹੈ, ਉਹ) ਮਨ-ਮੰਗੇ ਫਲ ਪ੍ਰਾਪਤ ਕਰ ਲੈਂਦਾ ਹੈ ॥੧॥ ਰਹਾਉ ॥
54589	1271	ਸਤਿਗੁਰ ਜੇਵਡੁ ਅਵਰੁ ਨ ਕੋਇ॥		Sathigur Jaevadd Avar N Koe ||	No one else is as great as the True Guru.	(ਬਖ਼ਸ਼ਸ਼ਾਂ ਕਰਨ ਵਿਚ) ਗੁਰੂ ਦੇ ਬਰਾਬਰ ਦਾ ਹੋਰ ਕੋਈ ਨਹੀਂ।
54590	1271	ਗੁਰੁ ਪਾਰਬ੍ਰਹਮੁ ਪਰਮੇਸਰੁ ਸੋਇ॥		Gur Paarabreham Paramaesar Soe ||	The Guru is the Supreme Lord, the Transcendent Lord God.	ਉਹ ਗੁਰੂ ਪਾਰਬ੍ਰਹਮ ਹੈ, ਗੁਰੂ ਪਰਮੇਸਰ ਹੈ।

54591	1271	ਜਨਮ ਮਰਣ ਦੂਖ ਤੇ ਰਾਖੈ॥		Janam Maran Dhookh Thae Raakhai ||	He saves us from the pains of death and birth,	ਗੁਰੂ ਜੰਮਣ ਮਰਨ ਦੇ ਗੇੜ ਦੇ ਦੁੱਖਾਂ ਤੋਂ ਬਚਾਂਦਾ ਹੈ।
54592	1271	ਮਾਇਆ ਬਿਖੁ ਫਿਰਿ ਬਹੁੜਿ ਨ ਚਾਖੈ॥੨॥		Maaeiaa Bikh Fir Bahurr N Chaakhai ||2||	And we will not have to taste the poison of Maya ever again. ||2||	(ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ) ਆਤਮਕ ਮੌਤ ਲਿਆਉਣ ਵਾਲੀ ਮਾਇਆ ਦੇ ਜ਼ਹਰ ਨੂੰ ਮੁੜ ਮੁੜ ਸੁਆਦ ਲਾ ਲਾ ਕੇ ਨਹੀਂ ਚੱਖਦਾ ਰਹਿੰਦਾ ॥੨॥
54593	1271	ਗੁਰ ਕੀ ਮਹਿਮਾ ਕਥਨੁ ਨ ਜਾਇ॥		Gur Kee Mehimaa Kathhan N Jaae ||	The Guru's glorious grandeur cannot be described.	ਗੁਰੂ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ।
54594	1271	ਗੁਰੁ ਪਰਮੇਸਰੁ ਸਾਚੈ ਨਾਇ॥		Gur Paramaesar Saachai Naae ||	The Guru is the Transcendent Lord, in the True Name.	ਗੁਰੂ ਪਰਮੇਸਰ (ਦਾ ਰੂਪ) ਹੈ, ਗੁਰੂ (ਪਰਮਾਤਮਾ ਦੇ) ਸਦਾ ਕਾਇਮ ਰਹਿਣ ਵਾਲੇ ਨਾਮ ਵਿਚ (ਲੀਨ ਰਹਿੰਦਾ ਹੈ)।
54595	1271	ਸਚੁ ਸੰਜਮੁ ਕਰਣੀ ਸਭੁ ਸਾਚੀ॥		Sach Sanjam Karanee Sabh Saachee ||	True is His self-discipline, and True are all His actions.	ਪਰਮਾਤਮਾ ਦਾ ਨਾਮ ਸਿਮਰਦੇ ਰਹਿਣਾ-ਇਹੀ ਹੈ ਗੁਰੂ ਦਾ ਸੰਜਮ। ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਰਹਿਣਾ-ਇਹੀ ਹੈ ਗੁਰੂ ਦੀ ਕਰਣੀ।
54596	1271	ਸੋ ਮਨੁ ਨਿਰਮਲੁ ਜੋ ਗੁਰ ਸੰਗਿ ਰਾਚੀ॥੩॥		So Man Niramal Jo Gur Sang Raachee ||3||	Immaculate and pure is that mind, which is imbued with love for the Guru. ||3||	ਜਿਹੜਾ ਮਨ ਗੁਰੂ ਦੀ ਸੰਗਤ ਵਿਚ ਮਸਤ ਰਹਿੰਦਾ ਹੈ ਉਹ ਮਨ ਪਵਿੱਤਰ ਹੋ ਜਾਂਦਾ ਹੈ ॥੩॥

54597	1271	ਗੁਰੁ ਪੂਰਾ ਪਾਈਐ ਵਡ ਭਾਗਿ॥		Gur Pooraa Paaeeai Vadd Bhaag ||	The Perfect Guru is obtained by great good fortune.	ਪੂਰਾ ਗੁਰੂ ਵੱਡੀ ਕਿਸਮਤ ਨਾਲ ਮਿਲਦਾ ਹੈ,
54598	1271	ਕਾਮੁ ਕ੍ਰੋਧੁ ਲੋਭੁ ਮਨ ਤੇ ਤਿਆਗਿ॥		Kaam Krodhh Lobh Man Thae Thiaag ||	Drive out sexual desire, anger and greed from your mind.	(ਜਿਸ ਨੂੰ ਮਿਲਦਾ ਹੈ, ਉਹ ਮਨੁੱਖ ਆਪਣੇ) ਮਨ ਵਿਚੋਂ ਕਾਮ ਕ੍ਰੋਧ ਲੋਭ (ਆਦਿਕ ਵਿਕਾਰ) ਦੂਰ ਕਰ ਕੇ (ਗੁਰੂ ਦੀ ਸਰਨ ਪਿਆ ਰਹਿੰਦਾ ਹੈ)।
54599	1271	ਕਰਿ ਕਿਰਪਾ ਗੁਰ ਚਰਣ ਨਿਵਾਸਿ॥		Kar Kirapaa Gur Charan Nivaas ||	By His Grace, the Guru's Feet are enshrined within.	(ਹੇ ਪ੍ਰਭੂ!) ਮਿਹਰ ਕਰ ਕੇ (ਮੈਨੂੰ) ਗੁਰੂ ਦੇ ਚਰਨਾਂ ਵਿਚ ਟਿਕਾਈ ਰੱਖ,
54600	1271	ਨਾਨਕ ਕੀ ਪ੍ਰਭ ਸਚੁ ਅਰਦਾਸਿ॥੪॥੪॥੨੨॥		Naanak Kee Prabh Sach Aradhaas ||4||4||22||	Nanak offers his prayer to the True Lord God. ||4||4||22||	ਹੇ ਪ੍ਰਭੂ! ਨਾਨਕ ਦੀ ਇਹ ਅਰਦਾਸ ਹੈ, (ਸੇਵਕ ਨੂੰ) ਆਪਣਾ ਸਦਾ-ਥਿਰ ਨਾਮ ਬਖ਼ਸ਼ ॥੪॥੪॥੨੨॥
54601	1271	ਰਾਗੁ ਮਲਾਰ ਮਹਲਾ ੫ ਪੜਤਾਲ ਘਰੁ ੩		Raag Malaar Mehalaa 5 Parrathaal Ghar 3	Raag Malaar, Fifth Mehl, Partaal, Third House:	ਰਾਗ ਮਲਾਰ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਪੜਤਾਲ'।
54602	1271	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

54603	1271	ਗੁਰ ਮਨਾਰਿ ਪ੍ਰਿਅ ਦਇਆਰ ਸਿਉ ਰੰਗੁ ਕੀਆ॥	ਗੁਰ ਜੀ (ਮਨਾਰਿ) ਨੂਰ ਦੀ ਥਾਂ, ਚਾਨਣ ਘਰ, ਸੁੰਦਰ ਜਾਂ ਮਨੌਣੇ	Gur Manaar Pria Dhaeiaar Sio Rang Keeaa ||	Pleasing the Guru, I have fallen in love with my Merciful Beloved Lord.	ਹੇ ਸਖੀ! (ਜਿਸ ਜੀਵ-ਇਸਤ੍ਰੀ ਨੇ ਆਪਣੇ) ਗੁਰੂ ਦੀ ਪ੍ਰਸੰਨਤਾ ਹਾਸਲ ਕਰ ਕੇ ਦਇਆ ਦੇ ਸੋਮੇ ਪਿਆਰੇ ਪ੍ਰਭੂ ਨਾਲ ਆਤਮਕ ਅਨੰਦ ਮਾਨਣਾ ਸ਼ੁਰੂ ਕਰ ਦਿੱਤਾ,
54604	1271	ਕੀਨੋ ਰੀ ਸਗਲ ਸੰਗੀਗਾਰ॥		Keeno Ree Sagal Sanaeegaar ||	I have made all my decorations,	ਉਸ ਨੇ ਸਾਰੇ (ਆਤਮਕ) ਸਿੰਗਾਰ ਕਰ ਲਏ (ਭਾਵ, ਉਸ ਦੇ ਅੰਦਰ ਉੱਚੇ ਆਤਮਕ ਗੁਣ ਪੈਦਾ ਹੋ ਗਏ),
54605	1271	ਤਜਿਓ ਰੀ ਸਗਲ ਬਿਕਾਰ॥		Thajiou Ree Sagal Bikaar ||	And renounced all corruption;	ਉਸ ਨੇ ਸਾਰੇ ਵਿਕਾਰ ਤਿਆਗ ਦਿੱਤੇ,
54606	1271	ਧਾਵਤੋ ਅਸਥਿਰੁ ਥੀਆ॥੧॥ਰਹਾਉ॥		Dhhaavatho Asathhir Thheeaa ||1|| Rehaao ||	My wandering mind has become steady and stable. ||1||Pause||	ਉਸ ਦਾ (ਪਹਿਲਾ) ਭਟਕਦਾ ਮਨ ਡੋਲਣੋਂ ਹਟ ਗਿਆ ॥੧॥ ਰਹਾਉ ॥
54607	1271	ਐਸੇ ਰੇ ਮਨ ਪਾਇ ਕੈ ਆਪੁ ਗਵਾਇ ਕੈ ਕਰਿ ਸਾਧਨ ਸਿਉ ਸੰਗੁ॥		Aisae Rae Man Paae Kai Aap Gavaae Kai Kar Saadhhan Sio Sang ||	O my mind, lose your self-conceit by associating with the Holy, and you shall find Him.	ਹੇ (ਮੇਰੇ) ਮਨ! ਤੂੰ ਭੀ ਇਸੇ ਤਰ੍ਹਾਂ (ਪ੍ਰਭੂ ਦਾ ਮਿਲਾਪ) ਹਾਸਲ ਕਰ ਕੇ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ ਕੇ ਸੰਤ ਜਨਾਂ ਨਾਲ ਸੰਗਤ ਕਰਿਆ ਕਰ।

54608	1271	ਬਾਜੇ ਬਜਹਿ ਮ੍ਰਿਦੰਗ ਅਨਾਹਦ ਕੋਕਿਲ ਰੀ ਰਾਮ ਨਾਮੁ ਬੋਲੈ ਮਧੁਰ ਬੈਨ ਅਤਿ ਸੁਹੀਆ॥੧॥	(ਸੁਹੀਆ) ਸੋਂਹਦੀ ਹੈ	Baajae Bajehi Mridhang Anaahadh Kokil Ree Raam Naam Bolai Madhhur Bain Ath Suheeaa ||1||	The unstruck celestial melody vibrates and resounds; like a song-bird, chant the Lord's Name, with words of sweetness and utter beauty. ||1||	(ਤੇਰੇ ਅੰਦਰ ਐਸਾ ਆਨੰਦ ਬਣਿਆ ਰਹੇਗਾ, ਜਿਵੇਂ) ਇਕ-ਰਸ ਢੋਲ ਆਦਿਕ ਸਾਜ਼ ਵੱਜ ਰਹੇ ਹਨ, (ਤੇਰੀ ਜੀਭ ਇਉਂ) ਪਰਮਾਤਮਾ ਦਾ ਨਾਮ (ਉਚਾਰਿਆ ਕਰੇਗੀ, ਜਿਵੇਂ) ਕੋਇਲ ਮਿੱਠੇ ਅਤੇ ਬੜੇ ਸੁੰਦਰ ਬੋਲ ਬੋਲਦੀ ਹੈ ॥੧॥
54609	1271	ਐਸੀ ਤੇਰੇ ਦਰਸਨ ਕੀ ਸੋਭ ਅਤਿ ਅਪਾਰ ਪ੍ਰਿਅ ਅਮੋਘ ਤੈਸੇ ਹੀ ਸੰਗਿ ਸੰਤ ਬਨੇ॥		Aisee Thaerae Dharasan Kee Sobh Ath Apaar Pria Amogh Thaisae Hee Sang Santh Banae ||	Such is the glory of Your Darshan, so utterly inifinte and fruitful, O my Love; so do we become by associating with the Saints.	ਹੇ ਪਿਆਰੇ ਪ੍ਰਭੂ! ਹੇ ਬਹੁਤ ਬੇਅੰਤ ਪ੍ਰਭੂ! ਤੇਰੇ ਦਰਸਨ ਦੀ ਵਡਿਆਈ ਅਜਿਹੀ ਹੈ ਕਿ ਸਫਲਤਾ ਦੇ ਨਿਸ਼ਾਨੇ ਤੋਂ ਉੱਕਦੀ ਨਹੀਂ। ਤੇਰੇ ਸੰਤ ਭੀ ਤੇਰੇ ਚਰਨਾਂ ਵਿਚ ਜੁੜ ਕੇ (ਤੇਰੇ ਵਰਗੇ) ਬਣ ਜਾਂਦੇ ਹਨ
54610	1271	ਭਵ ਉਤਾਰ ਨਾਮ ਭਨੇ॥		Bhav Outhaar Naam Bhanae ||	Vibrating, chanting Your Name, we cross over the terrifying world-ocean.	ਸੰਸਾਰ-ਸਮੁੰਦਰ ਤੋਂ ਪਾਰ ਕਰਨ ਵਾਲਾ ਤੇਰਾ ਨਾਮ ਜਪ ਜਪ ਕੇ-
54611	1271	ਰਮ ਰਾਮ ਰਾਮ ਮਾਲ॥		Ram Raam Raam Maal ||	They dwell on the Lord, Raam, Raam, chanting on their malas;	ਜਿਹੜੇ ਸੇਵਕ ਪਰਮਾਤਮਾ ਦੇ ਨਾਮ ਦੀ ਸੁੰਦਰ ਮਾਲਾ-

54612	1272	ਮਨਿ ਫੇਰਤੇ ਹਰਿ ਸੰਗਿ ਸੰਗੀਆ॥		Man Faerathae Har Sang Sangeeaa ||	Their minds are turned towards the Lord in the Saadh Sangat, the Company of the Holy.	ਆਪਣੇ ਮਨ ਵਿਚ ਫੇਰਦੇ ਰਹਿੰਦੇ ਹਨ, ਉਹ ਪਰਮਾਤਮਾ ਦੇ ਨਾਲ (ਟਿਕੇ ਰਹਿਣ ਵਾਲੇ) ਸਾਥੀ ਬਣ ਜਾਂਦੇ ਹਨ।
54613	1272	ਜਨ ਨਾਨਕ ਪ੍ਰਿਉ ਪ੍ਰੀਤਮੁ ਥੀਆ॥੨॥੧॥੨੩॥		Jan Naanak Prio Preetham Thheeaa ||2||1||23||	O servant Nanak, their Beloved Lord seems so sweet to them. ||2||1||23||	ਹੇ ਨਾਨਕ! ਪ੍ਰਭੂ ਉਹਨਾਂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ ॥੨॥੧॥੨੩॥
54614	1272	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54615	1272	ਮਨੁ ਘਨੈ ਭ੍ਰਮੈ ਬਨੈ॥		Man Ghanai Bhramai Banai ||	My mind wanders through the dense forest.	(ਮਨੁੱਖ ਦਾ) ਮਨ (ਸੰਸਾਰ-ਰੂਪ) ਸੰਘਣੇ ਜੰਗਲ ਵਿਚ ਭਟਕਦਾ ਰਹਿੰਦਾ ਹੈ।
54616	1272	ਉਮਕਿਤ ਰਸਿ ਚਾਲੈ॥	(ਉਮ-ਕਿਤ) ਉਛਲ ਕੇ। (ਦੂਜਾ ਪਾਠ: ਉਮਕਿ ਤਰਸਿ)	Oumak Tharas Chaalai ||	It walks with eagerness and love,	(ਪਰ ਤਦੋਂ ਇਹ) ਉਮਾਹ ਵਿਚ ਆ ਕੇ (ਆਤਮਕ) ਆਨੰਦ ਨਾਲ (ਜੀਵਨ-ਚਾਲ) ਚੱਲਦਾ ਹੈ,
54617	1272	ਪ੍ਰਭ ਮਿਲਬੇ ਕੀ ਚਾਹ॥੧॥ਰਹਾਉ॥		Prabh Milabae Kee Chaah ||1|| Rehaao ||	Hoping to meet God. ||1||Pause||	(ਜਦੋਂ ਇਸ ਦੇ ਅੰਦਰ) ਪਰਮਾਤਮਾ ਨੂੰ ਮਿਲਣ ਦੀ ਤਾਂਘ (ਪੈਦਾ ਹੁੰਦੀ ਹੈ) ॥੧॥ ਰਹਾਉ ॥

54618	1272	ਤ੍ਰै ਗੁਨ ਮਾਈ ਮੋਹਿਆਈ ਕਹੰਉ ਬੇਦਨ ਕਾਹਿ॥੧॥	ਮੋਹਿਆ-ਈ	Thrai Gun Maaee Mohi Aaee Kehano Baedhan Kaahi ||1||	Maya with her three gunas - the three dispositions - has come to entice me; whom can I tell of my pain? ||1||	ਤਿੰਨ ਗੁਣਾਂ ਵਾਲੀ ਮਾਇਆ ਮੇਰੇ ਉੱਤੇ (ਭੀ) ਹੱਲਾ ਕਰਦੀ ਹੈ। (ਗੁਰੂ ਤੋਂ ਬਿਨਾ) ਮੈਂ (ਹੋਰ) ਕਿਸ ਨੂੰ ਇਹ ਤਕਲਫ਼ਿ ਦੱਸਾਂ? ॥੧॥
54619	1272	ਆਨ ਉਪਾਵ ਸਗਰ ਕੀਏ ਨਹਿ ਦੂਖ ਸਾਕਹਿ ਲਾਹਿ॥		Aan Oupaav Sagar Keeeae Nehi Dhookh Saakehi Laahi ||	I tried everything else, but nothing could rid me of my sorrow.	(ਗੁਰੂ ਦੀ ਸਰਨ ਆਉਣ ਤੋਂ ਬਿਨਾ) ਹੋਰ ਸਾਰੇ ਹੀਲੇ ਕੀਤੇ, ਪਰ ਉਹ ਹੀਲੇ (ਮਾਇਆ ਹੱਥੋਂ ਮਿਲ ਰਹੇ) ਦੁੱਖਾਂ ਨੂੰ ਦੂਰ ਨਹੀਂ ਕਰ ਸਕਦੇ।
54620	1272	ਭਜੁ ਸਰਨਿ ਸਾਧੂ ਨਾਨਕਾ ਮਿਲੁ ਗੁਨ ਗੋਬਿੰਦਹਿ ਗਾਹਿ॥੨॥੨॥੨੪॥		Bhaj Saran Saadhhoo Naanakaa Mil Gun Gobindhehi Gaahi ||2||2||24||	So hurry to the Sanctuary of the Holy, O Nanak; joining them, sing the Glorious Praises of the Lord of the Universe. ||2||2||24||	ਹੇ ਨਾਨਕ! ਗੁਰੂ ਦੀ ਸਰਨ ਪਿਆ ਰਹੁ, ਅਤੇ ਗੋਬਿੰਦ ਦੇ ਗੁਣਾਂ ਵਿਚ ਚੁੱਭੀ ਲਾ ਕੇ (ਗੋਬਿੰਦ ਵਿਚ) ਮਿਲਿਆ ਰਹੁ ॥੨॥੨॥੨੪॥
54621	1272	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54622	1272	ਪ੍ਰਿਅ ਕੀ ਸੋਭ ਸੁਹਾਵਨੀ ਨੀਕੀ॥		Pria Kee Sobh Suhaavanee Neekee ||	The glory of my Beloved is noble and sublime.	ਪਿਆਰੇ ਪ੍ਰਭੂ ਦੀ ਸਿਫ਼ਤ-ਸਾਲਾਹ (ਹਿਰਦੇ ਨੂੰ) ਚੰਗੀ ਲੱਗਦੀ ਹੈ, ਸੁਖਦਾਈ ਲੱਗਦੀ ਹੈ।

54623	1272	ਹਾਹਾ ਹੂਹੂ ਗੰਧ੍ਰਬ ਅਪਸਰਾ ਅਨੰਦ ਮੰਗਲ ਰਸ ਗਾਵਨੀ ਨੀਕੀ॥੧॥ਰਹਾਉ॥	ਗੰ-ਧ੍ਰਬ। ਅਪੱਸਰਾਂ	Haahaa Hoohoo Gandhhrab Apasaraa Anandh Mangal Ras Gaavanee Neekee ||1|| Rehaao ||	The celestial singers and angels sing His Sublime Praises in ecstasy, happiness and joy. ||1||Pause||	(ਮਾਨੋ) ਹਾਹਾ ਹੂਹੂ ਗੰਧਰਬ ਅਤੇ ਸੁਰਗ ਦੀਆਂ ਮੋਹਣੀਆਂ ਇਸਤ੍ਰੀਆਂ (ਮਿਲ ਕੇ) ਆਨੰਦ ਦੇਣ ਵਾਲੇ, ਖ਼ੁਸ਼ੀ ਪੈਦਾ ਕਰਨ ਵਾਲੇ, ਰਸ-ਭਰੇ ਸੋਹਣੇ ਗੀਤ ਗਾ ਰਹੇ ਹਨ ॥੧॥ ਰਹਾਉ ॥
54624	1272	ਧੁਨਿਤ ਲਲਿਤ ਗੁਨਗ੍ਯ ਅਨਿਕ ਭਾਂਤਿ ਬਹੁ ਬਿਧਿ ਰੂਪ ਦਿਖਾਵਨੀ ਨੀਕੀ॥੧॥	(ਧੁਨਿਤ) ਵਿਚਾਰਦੇ ਹਨ। (ਲਲਿਤ) ਸੁੰਦਰ, ਲਲਿਤ ਰਾਗਣੀ ਭੀ ਹੈ। (ਗੁਨਗ੍ਯ) ਗੁਣਾਂ ਦੇ ਗਿਆਤੇ। ਗੁ-ਨੱਗਿਅ	Dhhunith Lalith Gunagy Anik Bhaanth Bahu Bidhh Roop Dhikhaavanee Neekee ||1||	The most worthy beings sing God's Praises in beautiful harmonies, in all sorts of ways, in myriads of sublime forms. ||1||	(ਪਿਆਰੇ ਪ੍ਰਭੂ ਦੀ ਸਿਫ਼ਤ-ਸਾਲਾਹ ਹਿਰਦੇ ਨੂੰ) ਚੰਗੀ ਲੱਗਦੀ ਹੈ, (ਮਾਨੋ, ਸੰਗੀਤ ਦੇ) ਗੁਣੀ-ਗਿਆਨੀ ਅਨੇਕਾਂ ਤਰੀਕਿਆਂ ਨਾਲ ਮਿੱਠੀਆਂ ਸੁਰਾਂ (ਗਾ ਰਹੇ ਹਨ, ਅਤੇ) ਕਈ ਕਿਸਮਾਂ ਦੇ ਸੋਹਣੇ (ਨਾਟਕੀ) ਰੂਪ ਵਿਖਾ ਰਹੇ ਹਨ ॥੧॥
54625	1272	ਗਿਰਿ ਤਰ ਥਲ ਜਲ ਭਵਨ ਭਰਪੁਰਿ ਘਟਿ ਘਟਿ ਲਾਲਨ ਛਾਵਨੀ ਨੀਕੀ॥		Gir Thar Thhal Jal Bhavan Bharapur Ghatt Ghatt Laalan Shhaavanee Neekee ||	Throughout the mountains, trees, deserts, oceans and galaxies, permeating each and every heart, the sublime grandeur of my Love is totally pervading.	(ਉਹ ਪਿਆਰਾ ਪ੍ਰਭੂ) ਪਹਾੜ, ਰੁੱਖ, ਧਰਤੀ, ਪਾਣੀ, ਚੌਦਾਂ ਭਵਨ (ਸਭਨਾਂ ਵਿਚ) ਨਕਾ-ਨਕ ਮੌਜੂਦ ਹੈ। ਹਰੇਕ ਸਰੀਰ ਵਿਚ ਉਸ ਸੋਹਣੇ ਲਾਲ ਦਾ ਸੋਹਣਾ ਡੇਰਾ ਪਿਆ ਹੋਇਆ ਹੈ।

54626	1272	ਸਾਧਸੰਗਿ ਰਾਮਈਆ ਰਸੁ ਪਾਇਓ ਨਾਨਕ ਜਾ ਕੈ ਭਾਵਨੀ ਨੀਕੀ॥੨॥੩॥੨੫॥	ਰਾ-ਮਈਆ	Saadhhasang Raameeaa Ras Paaeiou Naanak Jaa Kai Bhaavanee Neekee ||2||3||25||	In the Saadh Sangat, the Company of the Holy, the Love of the Lord is found; O Nanak, sublime is that faith. ||2||3||25||	ਪਰ, ਹੇ ਨਾਨਕ! ਜਿਸ ਮਨੁੱਖ ਦੇ ਹਿਰਦੇ ਵਿਚ ਚੰਗੀ ਸਰਧਾ ਉਪਜਦੀ ਹੈ, ਉਹ ਸਾਧ ਸੰਗਤ ਵਿਚ (ਟਿੱਕ ਕੇ) ਸੋਹਣੇ ਰਾਮ (ਦੇ ਮਿਲਾਪ) ਦਾ ਆਨੰਦ ਪ੍ਰਾਪਤ ਕਰਦਾ ਹੈ ॥੨॥੩॥੨੫॥
54627	1272	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54628	1272	ਗੁਰ ਪ੍ਰੀਤਿ ਪਿਆਰੇ ਚਰਨਕਮਲ ਰਿਦ ਅੰਤਰਿ ਧਾਰੇ॥੧॥ ਰਹਾਉ॥		Gur Preeth Piaarae Charan Kamal Ridh Anthar Dhhaarae ||1|| Rehaao ||	With love for the Guru, I enshrine the Lotus Feet of my Lord deep within my heart. ||1||Pause||	ਪਿਆਰੇ ਸਤਿਗੁਰੂ ਦੀ ਬਰਕਤਿ ਨਾਲ ਮੈਂ ਪ੍ਰਭੂ ਦੇ ਸੋਹਣੇ ਚਰਨ ਆਪਣੇ ਹਿਰਦੇ ਵਿਚ ਵਸਾ ਲਏ ਹਨ ॥੧॥ ਰਹਾਉ ॥
54629	1272	ਦਰਸੁ ਸਫਲਿਓ ਦਰਸੁ ਪੇਖਿਓ ਗਏ ਕਿਲਬਿਖ ਗਏ॥		Dharas Safaliou Dharas Paekhiou Geae Kilabikh Geae ||	I gaze on the Blessed Vision of His Fruitful Darshan; my sins are erased and taken away.	ਗੁਰੂ ਦਾ ਦਰਸਨ (ਸਦਾ) ਫਲਦਾਈ ਹੁੰਦਾ ਹੈ। (ਜਿਹੜਾ ਮਨੁੱਖ ਗੁਰੂ ਦਾ ਦਰਸਨ ਕਰਦਾ ਹੈ, ਉਹ ਪਰਮਾਤਮਾ ਦਾ ਭੀ) ਦਰਸਨ ਕਰ ਲੈਂਦਾ ਹੈ, (ਉਸ ਦੇ) ਸਾਰੇ ਹੀ ਪਾਪ ਨਾਸ ਹੋ ਜਾਂਦੇ ਹਨ।

54630	1272	ਮਨ ਨਿਰਮਲ ਉਜੀਆਰੇ॥੧॥		Man Niramal Oujeeaarae ||1||	My mind is immaculate and enlightened. ||1||	(ਦਰਸਨ ਕਰਨ ਵਾਲੇ ਮਨੁੱਖਾਂ ਦੇ) ਮਨ ਪਵਿੱਤਰ ਹੋ ਜਾਂਦੇ ਹਨ, ਆਤਮਕ ਜੀਵਨ ਦੀ ਸੂਝ ਵਾਲੇ ਬਣ ਜਾਂਦੇ ਹਨ ॥੧॥
54631	1272	ਬਿਸਮ ਬਿਸਮੈ ਬਿਸਮ ਭਈ॥		Bisam Bisamai Bisam Bhee ||	I am wonderstruck, stunned and amazed.	ਪਰਮਾਤਮਾ ਦਾ ਨਾਮ ਸਿਮਰਿਆਂ ਕ੍ਰੋੜਾਂ ਪਾਪ ਦੂਰ ਹੋ ਜਾਂਦੇ ਹਨ।
54632	1272	ਅਘ ਕੋਟਿ ਹਰਤੇ ਨਾਮ ਲਈ॥		Agh Kott Harathae Naam Lee ||	Chanting the Naam, the Name of the Lord, millions of sins are destroyed.	(ਨਾਮ ਸਿਮਰਿਆਂ) ਅਸਚਰਜ ਅਸਚਰਜ ਅਸਚਰਜ ਆਤਮਕ ਅਵਸਥਾ ਬਣ ਜਾਂਦੀ ਹੈ।
54633	1272	ਗੁਰ ਚਰਨ ਮਸਤਕੁ ਡਾਰਿ ਪਹੀ॥		Gur Charan Masathak Ddaar Pehee ||	I fall at His Feet, and touch my forehead to them.	(ਜਿਹੜੇ ਮਨੁੱਖ) ਗੁਰੂ ਦੇ ਚਰਨਾਂ ਉੱਤੇ ਮੱਥਾ ਰੱਖ ਕੇ ਢਹਿ ਪੈਂਦੇ ਹਨ,
54634	1272	ਪ੍ਰਭ ਏਕ ਤੂੰਹੀ ਏਕ ਤੁਹੀ॥		Prabh Eaek Thoonhee Eaek Thuhee ||	You alone are, You alone are, O God.	ਉਹਨਾਂ ਵਾਸਤੇ, ਹੇ ਪ੍ਰਭੂ! ਸਿਰਫ਼ ਤੂੰ ਹੀ ਸਿਰਫ਼ ਤੂੰ ਹੀ ਸਹਾਰਾ ਹੁੰਦਾ ਹੈਂ।
54635	1272	ਭਗਤ ਟੇਕ ਤੁਹਾਰੇ॥		Bhagath Ttaek Thuhaarae ||	Your devotees take Your Support.	(ਹੇ ਪ੍ਰਭੂ! ਤੇਰੇ) ਭਗਤਾਂ ਨੂੰ ਤੇਰੀ ਹੀ ਟੇਕ ਹੈ,
54636	1272	ਜਨ ਨਾਨਕ ਸਰਨਿ ਦੁਆਰੇ॥੨॥੪॥੨੬॥		Jan Naanak Saran Dhuaarae ||2||4||26||	Servant Nanak has come to the Door of Your Sanctuary. ||2||4||26||	ਹੇ ਨਾਨਕ! ਤੇਰੇ ਦਾਸ ਤੇਰੀ ਸਰਨ ਪਏ ਰਹਿੰਦੇ ਹਨ, ਤੇਰੇ ਹੀ ਦਰ ਤੇ ਡਿੱਗੇ ਰਹਿੰਦੇ ਹਨ ॥੨॥੪॥੨੬॥

54637	1272	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54638	1272	ਬਰਸੁ ਸਰਸੁ ਆਗਿਆ॥	(ਸਰਸੁ) ਬਹੁਤਾ, ਸਹਿਤ ਰਸ ਦੇ	Baras Saras Aagiaa ||	Rain down with happiness in God's Will.	(ਹੇ ਨਾਮ-ਜਲ ਨਾਲ ਭਰਪੂਰ ਗੁਰੂ! ਪਰਮਾਤਮਾ ਦੀ) ਰਜ਼ਾ ਵਿਚ ਆਨੰਦ ਨਾਲ (ਨਾਮ-ਜਲ ਦੀ) ਵਰਖਾ ਕਰ।
54639	1272	ਹੋਹਿ ਆਨੰਦ ਸਗਲ ਭਾਗ॥੧॥ਰਹਾਉ॥		Hohi Aanandh Sagal Bhaag ||1|| Rehaao ||	Bless me with total bliss and good fortune. ||1||Pause||	(ਜਿਨ੍ਹਾਂ ਉਤੇ ਇਹ ਵਰਖਾ ਹੁੰਦੀ ਹੈ, ਉਹਨਾਂ ਦੇ ਅੰਦਰ) ਆਤਮਕ ਆਨੰਦ ਬਣ ਜਾਂਦੇ ਹਨ, ਉਹਨਾਂ ਦੇ ਸਾਰੇ ਭਾਗ (ਜਾਗ ਪੈਂਦੇ ਹਨ) ॥੧॥ ਰਹਾਉ ॥
54640	1272	ਸੰਤਸੰਗੇ ਮਨੁ ਪਰਫੜੈ ਮਿਲਿ ਮੇਘ ਧਰ ਸੁਹਾਗ॥੧॥		Santh Sangae Man Parafarrai Mil Maegh Dhhar Suhaag ||1||	My mind blossoms forth in the Society of the Saints; soaking up the rain, the earth is blessed and beautified. ||1||	ਜਿਵੇਂ ਬੱਦਲਾਂ ਦੀ ਵਰਖਾ ਨਾਲ ਮਿਲ ਕੇ ਧਰਤੀ ਦੇ ਭਾਗ ਜਾਗ ਪੈਂਦੇ ਹਨ, ਤਿਵੇਂ ਗੁਰੂ ਦੀ ਸੰਗਤ ਵਿਚ (ਮਨੁੱਖ ਦਾ) ਮਨ ਟਹਿਕ ਪੈਂਦਾ ਹੈ ॥੧॥
54641	1272	ਘਨਘੋਰ ਪ੍ਰੀਤਿ ਮੋਰ॥		Ghanaghor Preeth Mor ||	The peacock loves the thunder of the rain clouds.	(ਜਿਵੇਂ) ਮੋਰ ਦੀ ਪ੍ਰੀਤ ਬੱਦਲਾਂ ਦੀ ਗਰਜ ਨਾਲ ਹੈ,
54642	1272	ਚਿਤੁ ਚਾਤ੍ਰਿਕ ਬੂੰਦ ਓਰ॥		Chith Chaathrik Boondh Our ||	The rainbird's mind is drawn to the rain-drop	(ਜਿਵੇਂ) ਪਪੀਹੇ ਦਾ ਚਿੱਤ (ਵਰਖਾ ਦੀ) ਬੂੰਦ ਵਲ (ਪਰਤਿਆ ਰਹਿੰਦਾ ਹੈ),
54643	1272	ਐਸੋ ਹਰਿ ਸੰਗੇ ਮਨ ਮੋਹ॥		Aiso Har Sangae Man Moh ||	#NAME?	ਤਿਵੇਂ (ਤੂੰ ਭੀ) ਪਰਮਾਤਮਾ ਨਾਲ (ਆਪਣੇ) ਮਨ ਦਾ ਪਿਆਰ ਜੋੜ।

54644	1272	ਤਿਆਗਿ ਮਾਇਆ ਧੋਹ॥		Thiaag Maaeiaa Dhhoh ||	I have renounced Maya, the deceiver.	ਗੁਰੂ ਨੂੰ ਮਿਲ ਕੇ ਮਾਇਆ ਦੀ ਠੱਗੀ ਦੂਰ ਕਰ ਕੇ-
54645	1272	ਮਿਲਿ ਸੰਤ ਨਾਨਕ ਜਾਗਿਆ॥੨॥੫॥੨੭॥		Mil Santh Naanak Jaagiaa ||2||5||27||	Joining with the Saints, Nanak is awakened. ||2||5||27||	ਹੇ ਨਾਨਕ! (ਮਨੁੱਖ ਦਾ) ਮਨ (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਜਾਗ ਪੈਂਦਾ ਹੈ ॥੨॥੫॥੨੭॥
54646	1272	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54647	1272	ਗੁਨ ਗੋਪਾਲ ਗਾਉ ਨੀਤ॥	ਗੋ: ਹੋੜੇ ਔਂਕੜ ਵਿਚਾਲੇ ਬੋਲੋ	Gun Guopaal Gaao Neeth ||	Sing forever the Glorious Praises of the Lord of the World.	ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੇ ਗੁਣ ਸਦਾ ਗਾਇਆ ਕਰ।
54648	1272	ਰਾਮ ਨਾਮ ਧਾਰਿ ਚੀਤ॥੧॥ਰਹਾਉ॥		Raam Naam Dhhaar Cheeth ||1|| Rehaao ||	Enshrine the Lord's Name in your consciousness. ||1||Pause||	ਪਰਮਾਤਮਾ ਦਾ ਨਾਮ ਆਪਣੇ ਚਿੱਤ ਵਿਚ ਟਿਕਾਈ ਰੱਖ ॥੧॥ ਰਹਾਉ ॥
54649	1272	ਛੋਡਿ ਮਾਨੁ ਤਜਿ ਗੁਮਾਨੁ ਮਿਲਿ ਸਾਧੂਆ ਕੈ ਸੰਗਿ॥		Shhodd Maan Thaj Gumaan Mil Saadhhooaa Kai Sang ||	Forsake your pride, and abandon your ego; join the Saadh Sangat, the Company of the Holy.	ਹੇ ਮਿੱਤਰ! ਸੰਤ ਜਨਾਂ ਦੀ ਸੰਗਤ ਵਿਚ ਮਿਲ ਕੇ ਮਾਣ ਛੱਡ ਅਹੰਕਾਰ ਤਿਆਗ।

54650	1272	ਹਰਿ ਸਿਮਰਿ ਏਕ ਰੰਗਿ ਮਿਟਿ ਜਾਂਹਿ ਦੋਖ ਮੀਤ॥੧॥		Har Simar Eaek Rang Mitt Jaanhi Dhokh Meeth ||1||	Meditate in loving remembrance on the One Lord; your sorrows shall be ended, O friend. ||1||	ਇਕ ਪ੍ਰਭੂ ਦੇ ਪ੍ਰੇਮ-ਰੰਗ ਵਿਚ (ਰੰਗੀਜ ਕੇ) ਪਰਮਾਤਮਾ ਦਾ ਨਾਮ ਸਿਮਰਿਆ ਕਰ। ਤੇਰੇ ਸਾਰੇ ਐਬ ਦੂਰ ਹੋ ਜਾਣਗੇ ॥੧॥
54651	1272	ਪਾਰਬ੍ਰਹਮ ਭਏ ਦਇਆਲ॥		Paarabreham Bheae Dhaeiaal ||	The Supreme Lord God has become merciful;	ਪ੍ਰਭੂ ਜੀ ਉਸ ਉਤੇ ਦਇਆਵਾਨ ਹੋ ਜਾਂਦੇ ਹਨ,
54652	1272	ਬਿਨਸਿ ਗਏ ਬਿਖੈ ਜੰਜਾਲ॥		Binas Geae Bikhai Janjaal ||	Corrupt entanglements have come to an end.	(ਉਸ ਦੇ ਅੰਦਰੋਂ) ਵਿਸ਼ੇ-ਵਿਕਾਰਾਂ ਦੀਆਂ ਫਾਹੀਆਂ ਮੁੱਕ ਜਾਂਦੀਆਂ ਹਨ,
54653	1272	ਸਾਧ ਜਨਾਂ ਕੈ ਚਰਨ ਲਾਗਿ॥		Saadhh Janaan Kai Charan Laag ||	Grasping the feet of the Holy,	ਸੰਤ ਜਨਾਂ ਦੇ ਚਰਨਾਂ ਵਿਚ ਜੁੜ ਕੇ-
54654	1272	ਨਾਨਕ ਗਾਵੈ ਗੋਬਿੰਦ ਨੀਤ॥੨॥੬॥੨੮॥		Naanak Gaavai Gobindh Neeth ||2||6||28||	Nanak sings forever the Glorious Praises of the Lord of the World. ||2||6||28||	ਹੇ ਨਾਨਕ (ਜਿਹੜਾ ਮਨੁੱਖ) ਸਦਾ ਗੋਬਿੰਦ ਦੇ ਗੁਣ ਗਾਂਦਾ ਰਹਿੰਦਾ ਹੈ ॥੨॥੬॥੨੮॥
54655	1272	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	
54656	1272	ਘਨੁ ਗਰਜਤ ਗੋਬਿੰਦ ਰੂਪ॥		Ghan Garajath Gobindh Roop ||	The Embodiment of the Lord of the Universe roars like the thunder-cloud.	(ਜਦੋਂ) ਪਰਮਾਤਮਾ ਦਾ ਰੂਪ ਗੁਰੂ, ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਭਰਪੂਰ ਗੁਰੂ (ਨਾਮ-ਜਲ ਦੀ) ਵਰਖਾ ਕਰਦਾ ਹੈ,

54657	1272	ਗੁਨ ਗਾਵਤ ਸੁਖ ਚੈਨ॥੧॥ਰਹਾਉ॥		Gun Gaavath Sukh Chain ||1|| Rehaao ||	Singing His Glorious Praises brings peace and bliss. ||1||Pause||	ਤਦੋਂ ਪ੍ਰਭੂ ਦੇ ਗੁਣ ਗਾਂਦਿਆਂ ਸੁਖ ਮਿਲਦਾ ਹੈ ਸ਼ਾਂਤੀ ਪ੍ਰਾਪਤ ਹੁੰਦੀ ਹੈ (ਜਿਵੇਂ 'ਮੋਰ ਬਬੀਹੇ ਬੋਲਦੇ, ਵੇਖਿ ਬੱਦਲ ਕਾਲੇ') ॥੧॥ ਰਹਾਉ ॥
54658	1272	ਹਰਿ ਚਰਨ ਸਰਨ ਤਰਨ ਸਾਗਰ ਧੁਨਿ ਅਨਹਤਾ ਰਸ ਬੈਨ॥੧॥		Har Charan Saran Tharan Saagar Dhhun Anehathaa Ras Bain ||1||	The Sanctuary of the Lord's Feet carries us across the world-ocean. His Sublime Word is the unstruck celestial melody. ||1||	(ਗੁਰੂ ਦੀ ਕਿਰਪਾ ਨਾਲ) ਪਰਮਾਤਮਾ ਦੇ ਚਰਨਾਂ ਦੀ ਸਰਨ (ਪ੍ਰਾਪਤ ਹੁੰਦੀ ਹੈ, ਜੋ ਸੰਸਾਰ-) ਸਮੁੰਦਰ (ਤੋਂ ਪਾਰ ਲੰਘਣ ਲਈ) ਜਹਾਜ਼ ਹੈ। (ਗੁਰੂ ਦੀ ਕਿਰਪਾ ਨਾਲ ਆਤਮਕ ਪੈਂਡੇ ਦੇ) ਪਾਂਧੀ (ਜੀਵ) ਨੂੰ ਤਾਂਘ ਪੈਦਾ ਹੁੰਦੀ ਹੈ ॥੧॥
54659	1272	ਪਥਿਕ ਪਿਆਸ ਚਿਤ ਸਰੋਵਰ ਆਤਮ ਜਲੁ ਲੈਨ॥	ਗੁਰਸੇਵਕ ਰੂਪ (ਪੱ-ਥਿਕ) ਰਾਹੀ	Pathhik Piaas Chith Sarovar Aatham Jal Lain ||	The thirsty traveller's consciousness obtains the water of the soul from the pool of nectar.	ਉਸ ਦਾ ਚਿੱਤ (ਨਾਮ-ਜਲ ਦੇ) ਸਰੋਵਰ (ਗੁਰੂ) ਵਲ (ਪਰਤਦਾ ਹੈ)।
54660	1272	ਹਰਿ ਦਰਸ ਪ੍ਰੇਮ ਜਨ ਨਾਨਕ ਕਰਿ ਕਿਰਪਾ ਪ੍ਰਭ ਦੈਨ॥੨॥੭॥੨੯॥		Har Dharas Praem Jan Naanak Kar Kirapaa Prabh Dhain ||2||7||29||	Servant Nanak loves the Blessed Vision of the Lord; in His Mercy, God has blessed him with it. ||2||7||29||	ਹੇ ਨਾਨਕ! (ਜਦੋਂ ਨਾਮ-ਜਲ ਨਾਲ ਭਰਪੂਰ ਗੁਰੂ ਨਾਮ ਦੀ ਵਰਖਾ ਕਰਦਾ ਹੈ, ਤਦੋਂ) ਸੇਵਕਾਂ ਦੇ ਅੰਦਰ ਪਰਮਾਤਮਾ ਦੇ ਦਰਸਨ ਦੀ ਤਾਂਘ ਪੈਦਾ ਹੁੰਦੀ ਹੈ, ਪ੍ਰਭੂ ਮਿਹਰ ਕਰ ਕੇ (ਉਹਨਾਂ ਨੂੰ ਇਹ ਦਾਤਿ) ਦੇਂਦਾ ਹੈ ॥੨॥੭॥੨੯॥
54661	1273	ਮਲਾਰ ਮਹਲਾ ੫॥		Malaar Mehalaa 5 ||	Malaar, Fifth Mehl:	

54662	1273	ਹੇ ਗੋਬਿੰਦ ਹੇ ਗੋਪਾਲ ਹੇ ਦਇਆਲ ਲਾਲ॥੧॥ਰਹਾਉ॥		Hae Gobindh Hae Gopaal Hae Dhaeiaal Laal ||1|| Rehaao ||	O Lord of the Universe, O Lord of the World, O Dear Merciful Beloved. ||1||Pause||	ਹੇ ਗੋਬਿੰਦ! ਹੇ ਗੋਪਾਲ! ਹੇ ਦਇਆ ਦੇ ਸੋਮੇ! ਹੇ ਸੋਹਣੇ ਪ੍ਰਭੂ! ॥੧॥ ਰਹਾਉ ॥
54663	1273	ਪ੍ਰਾਨ ਨਾਥ ਅਨਾਥ ਸਖੇ ਦੀਨ ਦਰਦ ਨਿਵਾਰ॥੧॥		Praan Naathh Anaathh Sakhae Dheen Dharadh Nivaar ||1||	You are the Master of the breath of life, the Companion of the lost and forsaken, the Destroyer of the pains of the poor. ||1||	ਹੇ ਜਿੰਦ ਦੇ ਮਾਲਕ! ਹੇ ਨਿਖਸਮਿਆਂ ਦੇ ਸਹਾਈ! ਹੇ ਗ਼ਰੀਬਾਂ ਦੇ ਦਰਦ ਦੂਰ ਕਰਨ ਵਾਲੇ! ॥੧॥
54664	1273	ਹੇ ਸਮ੍ਰਥ ਅਗਮ ਪੂਰਨ ਮੋਹਿ ਮਇਆ ਧਾਰਿ॥੨॥	ਸਮ੍ਰੱਥਅ-ਗਮ: ਪੋਲਾ ਬੋਲੋ ਸੋਗ ਰਹਿਤ	Hae Samrathh Agam Pooran Mohi Maeiaa Dhhaar ||2||	O All-powerful, Inaccessible, Perfect Lord, please shower me with Your Mercy. ||2||	ਹੇ ਸਭ ਤਾਕਤਾਂ ਦੇ ਮਾਲਕ! ਹੇ ਅਪਹੁੰਚ! ਹੇ ਸਰਬ-ਵਿਆਪਕ! ਮੇਰੇ ਉਤੇ ਮਿਹਰ ਕਰ! ॥੨॥
54665	1273	ਅੰਧ ਕੂਪ ਮਹਾ ਭਇਆਨ ਨਾਨਕ ਪਾਰਿ ਉਤਾਰ॥੩॥੮॥੩੦॥		Andhh Koop Mehaa Bhaeiaan Naanak Paar Outhaar ||3||8||30||	Please, carry Nanak across the terrible, deep dark pit of the world to the other side. ||3||8||30||	ਹੇ ਨਾਨਕ! (ਆਖ-ਹੇ ਪ੍ਰਭੂ! ਇਹ ਸੰਸਾਰ) ਬੜਾ ਡਰਾਉਣਾ ਖੂਹ ਹੈ ਜਿਸ ਵਿਚ (ਮਾਇਆ ਦੇ ਮੋਹ ਦਾ) ਘੁੱਪ ਹਨੇਰਾ ਹੈ (ਮੈਨੂੰ ਇਸ ਵਿਚੋਂ) ਪਾਰ ਲੰਘਾ ਲੈ ॥੩॥੮॥੩੦॥

54666	1273	ਮਲਾਰ ਮਹਲਾ ੧ ਅਸਟਪਦੀਆ ਘਰੁ ੧	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Malaar Mehalaa 1 Asattapadheeaa Ghar 1	Malaar, First Mehl, Ashtapadees, First House:	ਰਾਗ ਮਲਾਰ, ਘਰ ੧ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
54667	1273	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
54668	1273	ਚਕਵੀ ਨੈਨ ਨੀਂਦ ਨਹਿ ਚਾਹੈ ਬਿਨੁ ਪਿਰ ਨੀਂਦ ਨ ਪਾਈ॥		Chakavee Nain Nanaeedh Nehi Chaahai Bin Pir Nanaeedh N Paaee ||	The chakvi bird does not long for sleepy eyes; without her beloved, she does not sleep.	ਚਕਵੀ (ਰਾਤ ਨੂੰ) ਆਪਣੇ ਪਿਆਰੇ (ਚਕਵੇ) ਤੋਂ ਬਿਨਾ ਸੌ ਨਹੀਂ ਸਕਦੀ, ਉਹ ਆਪਣੀਆਂ ਅੱਖਾਂ ਵਿਚ ਨੀਂਦ ਦਾ ਆਉਣਾ ਪਸੰਦ ਨਹੀਂ ਕਰਦੀ।
54669	1273	ਸੂਰੁ ਚੜੈ ਪ੍ਰਿਉ ਦੇਖੈ ਨੈਨੀ ਨਿਵਿ ਨਿਵਿ ਲਾਗੈ ਪਾਂਈ॥੧॥		Soor Charhai Prio Dhaekhai Nainee Niv Niv Laagai Paanee ||1||	When the sun rises, she sees her beloved with her eyes; she bows and touches his feet. ||1||	ਜਦੋਂ ਸੂਰਜ ਚੜ੍ਹਦਾ ਹੈ, ਚਕਵੀ ਆਪਣੇ ਪਿਆਰੇ (ਚਕਵੇ) ਨੂੰ ਅੱਖੀਂ ਵੇਖਦੀ ਹੈ, ਲਿਫ ਲਿਫ ਕੇ ਉਸ ਦੇ ਪੈਰੀਂ ਲੱਗਦੀ ਹੈ ॥੧॥
54670	1273	ਪਿਰ ਭਾਵੈ ਪ੍ਰੇਮੁ ਸਖਾਈ॥		Pir Bhaavai Praem Sakhaaee ||	The Love of my Beloved is pleasing; it is my Companion and Support.	ਮੈਨੂੰ ਸਦਾ-ਸਹਾਈ ਪ੍ਰੀਤਮ-ਪ੍ਰਭੂ ਦਾ ਪ੍ਰੇਮ ਪਿਆਰਾ ਲੱਗਦਾ ਹੈ।

54671	1273	ਤਿਸੁ ਬਿਨੁ ਘੜੀ ਨਹੀ ਜਗਿ ਜੀਵਾ ਐਸੀ ਪਿਆਸ ਤਿਸਾਈ॥੧॥ ਰਹਾਉ॥		This Bin Gharree Nehee Jag Jeevaa Aisee Piaas Thisaaee ||1|| Rehaao ||	Without Him, I cannot live in this world even for an instant; such is my hunger and thirst. ||1||Pause||	ਮੇਰੇ ਅੰਦਰ ਉਸਦੇ ਮਿਲਾਪ ਦੀ ਇਤਨੀ ਤੀਬਰ ਤਾਂਘ ਹੈ ਕਿ ਮੈਂ ਜਗਤ ਵਿਚ ਉਸ ਤੋਂ ਬਿਨਾ ਇਕ ਘੜੀ ਭੀ ਜੀਊ ਨਹੀਂ ਸਕਦੀ ॥੧॥ ਰਹਾਉ ॥
54672	1273	ਸਰਵਰਿ ਕਮਲੁ ਕਿਰਣਿ ਆਕਾਸੀ ਬਿਗਸੈ ਸਹਜਿ ਸੁਭਾਈ॥		Saravar Kamal Kiran Aakaasee Bigasai Sehaj Subhaaee ||	The lotus in the pool blossoms forth intuitively and naturally, with the rays of the sun in the sky.	ਕੌਲ (ਫੁੱਲ) ਸਰੋਵਰ ਵਿਚ ਹੁੰਦਾ ਹੈ, (ਸੂਰਜ ਦੀ) ਕਿਰਨ ਆਕਾਸ਼ਾਂ ਵਿਚ ਹੁੰਦੀ ਹੈ, (ਫਿਰ ਭੀ ਉਸ ਕਿਰਨ ਨੂੰ ਤੱਕ ਕੇ ਕੌਲ ਫੁੱਲ) ਸੁਤੇ ਹੀ ਖਿੜ ਪੈਂਦਾ ਹੈ।
54673	1273	ਪ੍ਰੀਤਮ ਪ੍ਰੀਤਿ ਬਨੀ ਅਭ ਐਸੀ ਜੋਤੀ ਜੋਤਿ ਮਿਲਾਈ॥੨॥		Preetham Preeth Banee Abh Aisee Jothee Joth Milaaee ||2||	Such is the love for my Beloved which imbues me; my light has merged into the Light. ||2||	(ਪ੍ਰੇਮੀ ਦੇ) ਹਿਰਦੇ ਵਿਚ ਆਪਣੇ ਪ੍ਰੀਤਮ ਦੀ ਅਜੇਹੀ ਪ੍ਰੀਤ ਬਣਦੀ ਹੈ ਕਿ ਉਸ ਦੀ ਆਤਮਾ ਪ੍ਰੀਤਮ ਦੀ ਆਤਮਾ ਵਿਚ ਮਿਲ ਜਾਂਦੀ ਹੈ ॥੨॥
54674	1273	ਚਾਤ੍ਰਿਕੁ ਜਲ ਬਿਨੁ ਪ੍ਰਿਉ ਪ੍ਰਿਉ ਟੇਰੈ ਬਿਲਪ ਕਰੈ ਬਿਲਲਾਈ॥		Chaathrik Jal Bin Prio Prio Ttaerai Bilap Karai Bilalaaee ||	Without water, the rainbird cries out, ""Pri-o! Pri-o! - Beloved! Beloved!"" It cries and wails and laments.	(ਸ੍ਵਾਂਤੀ ਨਛੱਤ੍ਰ ਦੀ ਵਰਖਾ ਦੇ) ਜਲ ਤੋਂ ਬਿਨਾ ਪਪੀਹਾ 'ਪ੍ਰਿਉ, ਪ੍ਰਿਉ' ਕੂਕਦਾ ਹੈ, ਮਾਨੋ, ਵਿਰਲਾਪ ਕਰਦਾ ਹੈ, ਤਰਲੇ ਲੈਂਦਾ ਹੈ।

54675	1273	ਘਨਹਰ ਘੋਰ ਦਸੌ ਦਿਸਿ ਬਰਸੈ ਬਿਨੁ ਜਲ ਪਿਆਸ ਨ ਜਾਈ॥੩॥		Ghanehar Ghor Dhasa Dhis Barasai Bin Jal Piaas N Jaaee ||3||	The thundering clouds rain down in the ten directions; its thirst is not quenched until it catches the rain-drop in its mouth. ||3||	ਬੱਦਲ ਗੱਜ ਕੇ ਦਸੀਂ ਪਾਸੀਂ ਵਰ੍ਹਦਾ ਹੈ, ਪਰ ਪਪੀਹੇ ਦੀ ਪਿਆਸ ਸ੍ਵਾਂਤੀ ਬੂੰਦ ਤੋਂ ਬਿਨਾ ਦੂਰ ਨਹੀਂ ਹੁੰਦੀ ॥੩॥
54676	1273	ਮੀਨ ਨਿਵਾਸ ਉਪਜੈ ਜਲ ਹੀ ਤੇ ਸੁਖ ਦੁਖ ਪੁਰਬਿ ਕਮਾਈ॥		Meen Nivaas Oupajai Jal Hee Thae Sukh Dhukh Purab Kamaaee ||	The fish lives in water, from which it was born. It finds peace and pleasure according to its past actions.	ਮੱਛੀ ਪਾਣੀ ਵਿਚ ਪੈਦਾ ਹੁੰਦੀ ਹੈ, ਪਾਣੀ ਵਿਚ ਵੱਸਦੀ ਹੈ, ਪੂਰਬਲੀ ਕਮਾਈ ਅਨੁਸਾਰ ਉਹ ਪਾਣੀ ਵਿਚ ਹੀ ਸੁਖ ਦੁਖ ਸਹਾਰਦੀ ਹੈ।
54677	1273	ਖਿਨੁ ਤਿਲੁ ਰਹਿ ਨ ਸਕੈ ਪਲੁ ਜਲ ਬਿਨੁ ਮਰਨੁ ਜੀਵਨੁ ਤਿਸੁ ਤਾਂਈ॥੪॥		Khin Thil Rehi N Sakai Pal Jal Bin Maran Jeevan This Thaanee ||4||	It cannot survive without water for a moment, even for an instant. Life and death depend on it. ||4||	ਪਾਣੀ ਤੋਂ ਬਿਨਾ ਉਹ ਇਕ ਖਿਨ ਭਰ ਤਿਲ ਭਰ ਪਲ ਭਰ ਭੀ ਜੀਊ ਨਹੀਂ ਸਕਦੀ। ਉਸ ਦਾ ਮਰਨ ਜੀਊਣ (ਉਸ ਦੀ ਸਾਰੀ ਉਮਰ ਦਾ ਵਸੇਬਾ) ਉਸ ਪਾਣੀ ਨਾਲ ਹੀ (ਸੰਭਵ) ਹੈ ॥੪॥
54678	1273	ਧਨ ਵਾਂਢੀ ਪਿਰੁ ਦੇਸ ਨਿਵਾਸੀ ਸਚੇ ਗੁਰ ਪਹਿ ਸਬਦੁ ਪਠਾਈਂ॥		Dhhan Vaandtee Pir Dhaes Nivaasee Sachae Gur Pehi Sabadh Pathaaeanaee ||	The soul-bride is separated from her Husband Lord, who lives in His Own Country. He sends the Shabad, His Word, through the True Guru.	ਪਤੀ-ਪ੍ਰਭੂ (ਜੀਵ-ਇਸਤ੍ਰੀ ਦੇ ਹਿਰਦੇ) ਘਰ ਵਿਚ ਹੀ ਵੱਸਦਾ ਹੈ, ਉਸ ਤੋਂ ਵਿਛੁੜੀ ਹੋਈ ਜੀਵ-ਇਸਤ੍ਰੀ ਜਦੋਂ ਸੱਚੇ ਗੁਰੂ ਦੀ ਰਾਹੀਂ (ਗੁਰੂ ਦੀ ਬਾਣੀ ਦੀ ਰਾਹੀਂ) ਸਨੇਹਾ ਭੇਜਦੀ ਹੈ,

54679	1273	ਗੁਣ ਸੰਗ੍ਰਹਿ ਪ੍ਰਭੁ ਰਿਦੈ ਨਿਵਾਸੀ ਭਗਤਿ ਰਤੀ ਹਰਖਾਈ॥੫॥	ਰੱਤੀ	Gun Sangrehi Prabh Ridhai Nivaasee Bhagath Rathee Harakhaaee ||5||	She gathers virtues, and enshrines God within her heart. Imbued with devotion, she is happy. ||5||	ਤੇ ਆਤਮਕ ਗੁਣ ਇਕੱਠੇ ਕਰਦੀ ਹੈ, ਤਦੋਂ ਹਿਰਦੇ ਵਿਚ ਹੀ ਵੱਸਦਾ ਪ੍ਰਭੂ-ਪਤੀ ਉਸ ਦੇ ਅੰਦਰ ਪਰਗਟ ਹੋ ਜਾਂਦਾ ਹੈ, ਜੀਵ-ਇਸਤ੍ਰੀ ਉਸ ਦੀ ਭਗਤੀ ਦੇ ਰੰਗ ਵਿਚ ਰੰਗੀਜ ਕੇ ਪ੍ਰਸੰਨ ਹੁੰਦੀ ਹੈ ॥੫॥
54680	1273	ਪ੍ਰਿਉ ਪ੍ਰਿਉ ਕਰੈ ਸਭੈ ਹੈ ਜੇਤੀ ਗੁਰ ਭਾਵੈ ਪ੍ਰਿਉ ਪਾਈਂ॥		Prio Prio Karai Sabhai Hai Jaethee Gur Bhaavai Prio Paaeanaee ||	Everyone cries out, ""Beloved! Beloved!"" But she alone finds her Beloved, who is pleasing to the Guru.	ਜਿਹੜੀ ਭੀ ਲੁਕਾਈ ਹੈ ਸਾਰੀ ਹੀ ਪਤੀ-ਪ੍ਰਭੂ ਦਾ ਨਾਮ ਲੈਂਦੀ ਹੈ, ਪਰ ਜਿਹੜੀ ਜੀਵ-ਇਸਤ੍ਰੀ ਗੁਰੂ ਨੂੰ ਚੰਗੀ ਲੱਗਦੀ ਹੈ ਉਹ ਪਤੀ-ਪ੍ਰਭੂ ਨੂੰ ਮਿਲ ਪੈਂਦੀ ਹੈ।
54681	1273	ਪ੍ਰਿਉ ਨਾਲੇ ਸਦ ਹੀ ਸਚਿ ਸੰਗੇ ਨਦਰੀ ਮੇਲਿ ਮਿਲਾਈ ॥੬॥		Prio Naalae Sadh Hee Sach Sangae Nadharee Mael Milaaee ||6||	Our Beloved is always with us; through the Truth, He blesses us with His Grace, and unites us in His Union. ||6||	ਪਤੀ-ਪ੍ਰਭੂ ਤਾਂ ਸਦਾ ਹੀ ਹਰੇਕ ਜੀਵ-ਇਸਤ੍ਰੀ ਦੇ ਨਾਲ ਹੈ ਅੰਗ-ਸੰਗ ਹੈ, ਜੇਹੜੀ ਉਸ ਸਦਾ-ਥਿਰ ਵਿਚ ਜੁੜਦੀ ਹੈ ਗੁਰੂ ਮਿਹਰ ਦੀ ਨਜ਼ਰ ਕਰ ਕੇ ਉਸ ਨੂੰ ਆਪਣੇ ਸ਼ਬਦ ਵਿਚ ਜੋੜ ਕੇ ਪ੍ਰਭੂ ਨਾਲ ਮਿਲਾ ਦੇਂਦਾ ਹੈ ॥੬॥
54682	1273	ਸਭ ਮਹਿ ਜੀਉ ਜੀਉ ਹੈ ਸੋਈ ਘਟਿ ਘਟਿ ਰਹਿਆ ਸਮਾਈ॥		Sabh Mehi Jeeo Jeeo Hai Soee Ghatt Ghatt Rehiaa Samaaee ||	He is the life of the soul in each and every soul; He permeates and pervades each and every heart.	ਹਰੇਕ ਜੀਵ ਵਿਚ ਪ੍ਰਭੂ ਦੀ ਦਿੱਤੀ ਜਿੰਦ ਰੁਮਕ ਰਹੀ ਹੈ, ਉਹ ਪ੍ਰਭੂ ਆਪ ਹੀ ਹਰੇਕ ਦੀ ਜਿੰਦ (ਆਸਰਾ) ਹੈ। ਪ੍ਰਭੂ ਹਰੇਕ ਸਰੀਰ ਵਿਚ ਵਿਆਪਕ ਹੈ।

54683	1273	ਗੁਰ ਪਰਸਾਦਿ ਘਰ ਹੀ ਪਰਗਾਸਿਆ ਸਹਜੇ ਸਹਜਿ ਸਮਾਈ॥੭॥		Gur Parasaadh Ghar Hee Paragaasiaa Sehajae Sehaj Samaaee ||7||	By Guru's Grace, He is revealed within the home of my heart; I am intuitively, naturally, absorbed into Him. ||7||	ਗੁਰੂ ਦੀ ਕਿਰਪਾ ਨਾਲ ਜਿਸ ਜੀਵ ਦੇ ਹਿਰਦੇ ਵਿਚ ਹੀ ਪਰਗਟ ਹੋ ਪੈਂਦਾ ਹੈ ਉਹ ਜੀਵ ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ ॥੭॥
54684	1273	ਅਪਨਾ ਕਾਜੁ ਸਵਾਰਹੁ ਆਪੇ ਸੁਖਦਾਤੇ ਗੋਸਾਂਈਂ॥		Apanaa Kaaj Savaarahu Aapae Sukhadhaathae Gosaaneanaee ||	He Himself shall resolve all your affairs, when you meet with the Giver of peace, the Lord of the World.	ਹੇ ਧਰਤੀ ਦੇ ਖਸਮ! ਹੇ ਜੀਵਾਂ ਨੂੰ ਸੁਖ ਦੇਣ ਵਾਲੇ ਪ੍ਰਭੂ! (ਆਪਣੇ ਪੈਦਾ ਕੀਤੇ ਜੀਵਾਂ ਨੂੰ ਆਪਣੇ ਚਰਨਾਂ ਵਿਚ ਜੋੜਨਾ ਤੇਰਾ ਆਪਣਾ ਹੀ ਕੰਮ ਹੈ, ਇਸ) ਆਪਣੇ ਕੰਮ ਨੂੰ ਤੂੰ ਆਪ ਹੀ ਸਿਰੇ ਚਾੜ੍ਹਦਾ ਹੈਂ।
54685	1273	ਗੁਰ ਪਰਸਾਦਿ ਘਰ ਹੀ ਪਿਰੁ ਪਾਇਆ ਤਉ ਨਾਨਕ ਤਪਤਿ ਬੁਝਾਈ॥੮॥੧॥	ਬੁਝਾਈ: ਪੋਲਾ ਬੋਲੋ	Gur Parasaadh Ghar Hee Pir Paaeiaa Tho Naanak Thapath Bujhaaee ||8||1||	By Guru's Grace, you shall find your Husband Lord within your own home; then, O Nanak, the fire within you shall be quenched. ||8||1||	ਹੇ ਨਾਨਕ! ਗੁਰੂ ਦੀ ਕਿਰਪਾ ਨਾਲ ਜਿਸ ਦੇ ਹਿਰਦੇ-ਘਰ ਵਿਚ ਹੀ ਪ੍ਰਭੂ-ਪਤੀ ਪਰਗਟ ਹੋ ਪੈਂਦਾ ਹੈ ਉਸ ਦੀ ਮਾਇਆ ਦੀ ਤ੍ਰਿਸ਼ਨਾ ਦੀ ਸੜਨ ਬੁੱਝ ਜਾਂਦੀ ਹੈ ॥੮॥੧॥
54686	1273	ਮਲਾਰ ਮਹਲਾ ੧॥		Malaar Mehalaa 1 ||	Malaar, First Mehl:	

54687	1273	ਜਾਗਤੁ ਜਾਗਿ ਰਹੈ ਗੁਰ ਸੇਵਾ ਬਿਨੁ ਹਰਿ ਮੈ ਕੋ ਨਾਹੀ॥		Jaagath Jaag Rehai Gur Saevaa Bin Har Mai Ko Naahee ||	Remain awake and aware, serving the Guru; except for the Lord, no one is mine.	ਉਸੇ ਮਨੁੱਖ ਦਾ ਜੀਵਨ ਸਫਲ ਹੈ ਜੋ ਗੁਰੂ ਦੀ ਦੱਸੀ ਸੇਵਾ ਵਿਚ ਤੱਤਪਰ ਰਹਿ ਕੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ। ਪਰਮਾਤਮਾ ਦੀ ਜੋਤਿ ਤੋਂ ਬਿਨਾ ਸਾਡੇ ਇਸ ਸਰੀਰ ਦੀ ਕੋਈ ਪਾਂਇਆਂ ਨਹੀਂ ਹੈ;
54688	1273	ਅਨਿਕ ਜਤਨ ਕਰਿ ਰਹਣੁ ਨ ਪਾਵੈ ਆਚੁ ਕਾਚੁ ਢਰਿ ਪਾਂਹੀ॥੧॥	ਆਂਚੁ	Anik Jathan Kar Rehan N Paavai Aach Kaach Dtar Paanhee ||1||	Even by making all sorts of efforts, you shall not remain here; it shall melt like glass in the fire. ||1||	(ਜਦੋਂ ਜੋਤਿ ਨਿਕਲ ਜਾਏ ਤਾਂ) ਅਨੇਕਾਂ ਜਤਨ ਕਰਨ ਨਾਲ ਭੀ ਇਹ ਸਰੀਰ ਟਿਕਿਆ ਨਹੀਂ ਰਹਿ ਸਕਦਾ। ਜਿਵੇਂ ਅੱਗ ਦਾ ਸੇਕ ਕੱਚ ਨੂੰ ਢਾਲ ਦੇਂਦਾ ਹੈ, ਤਿਵੇਂ ਇਹ ਸਰੀਰ (ਜੋਤਿ ਤੋਂ ਬਿਨਾ) ਢਹਿ ਢੇਰੀ ਹੋ ਜਾਂਦੇ ਹਨ ॥੧॥
54689	1273	ਇਸੁ ਤਨ ਧਨ ਕਾ ਕਹਹੁ ਗਰਬੁ ਕੈਸਾ॥		Eis Than Dhhan Kaa Kehahu Garab Kaisaa ||	Tell me - why are you so proud of your body and wealth?	ਹੇ ਝੱਲੇ ਮਨੁੱਖ! ਦੱਸ, ਇਸ ਸਰੀਰ ਦਾ ਇਸ ਧਨ-ਦੌਲਤ ਦਾ ਕੀਹ ਮਾਣ ਕਰਨਾ ਹੋਇਆ?
54690	1273	ਬਿਨਸਤ ਬਾਰ ਨ ਲਾਗੈ ਬਵਰੇ ਹਉਮੈ ਗਰਬਿ ਖਪੈ ਜਗੁ ਐਸਾ॥੧॥ਰਹਾਉ॥		Binasath Baar N Laagai Bavarae Houmai Garab Khapai Jag Aisaa ||1|| Rehaao ||	They shall vanish in an instant; O madman, this is how the world is wasting away, in egotism and pride. ||1||Pause||	ਇਹਨਾਂ ਦੇ ਨਾਸ ਹੁੰਦਿਆਂ ਚਿਰ ਨਹੀਂ ਲੱਗਦਾ। ਜਗਤ ਵਿਅਰਥ ਹੀ (ਸਰੀਰ ਦੀ) ਹਉਮੈ ਵਿਚ (ਧਨ ਦੇ) ਮਾਣ ਵਿਚ ਖ਼ੁਆਰ ਹੁੰਦਾ ਹੈ ॥੧॥ ਰਹਾਉ ॥

54691	1273	ਜੈ ਜਗਦੀਸ ਪ੍ਰਭੂ ਰਖਵਾਰੇ ਰਾਖੈ ਪਰਖੈ ਸੋਈ॥		Jai Jagadhees Prabhoo Rakhavaarae Raakhai Parakhai Soee ||	Hail to the Lord of the Universe, God, our Saving Grace; He judges and saves the mortal beings.	ਹੇ ਜਗਤ ਦੇ ਮਾਲਕ! ਹੇ ਪ੍ਰਭੂ! ਹੇ ਜੀਵਾਂ ਦੇ ਰਾਖੇ! ਤੇਰੀ (ਸਦਾ) ਜੈ ਹੋਵੇ! (ਹੇ ਝੱਲੇ ਜੀਵ! ਸਦਾ ਉਸ ਰੱਖਣਹਾਰ ਪ੍ਰਭੂ ਦਾ ਆਸਰਾ ਲੈ)। ਉਹ (ਜਗਦੀਸ਼) ਹੀ ਵਿਕਾਰਾਂ ਤੋਂ ਬਚਾਂਦਾ ਹੈ ਤੇ ਜੀਵਾਂ ਦੇ ਜੀਵਨ ਨੂੰ ਪੜਾਤਲਦਾ ਰਹਿੰਦਾ ਹੈ।
54692	1273	ਜੇਤੀ ਹੈ ਤੇਤੀ ਤੁਝ ਹੀ ਤੇ ਤੁਮ੍ ਸਰਿ ਅਵਰੁ ਨ ਕੋਈ॥੨॥		Jaethee Hai Thaethee Thujh Hee Thae Thumh Sar Avar N Koee ||2||	All that is, belongs to You. No one else is equal to You. ||2||	ਹੇ ਪ੍ਰਭੂ! ਜਿਤਨੀ ਭੀ ਲੁਕਾਈ ਹੈ, ਇਹ ਸਾਰੀ ਹੀ ਤੇਰੇ ਪਾਸੋਂ ਹੀ (ਦਾਤਾਂ) ਮੰਗਦੀ ਹੈ। ਤੇਰੇ ਵਰਗਾ ਹੋਰ ਕੋਈ ਨਹੀਂ ਹੈ ॥੨॥
54693	1273	ਜੀਅ ਉਪਾਇ ਜੁਗਤਿ ਵਸਿ ਕੀਨੀ ਆਪੇ ਗੁਰਮੁਖਿ ਅੰਜਨੁ॥		Jeea Oupaae Jugath Vas Keenee Aapae Guramukh Anjan ||	Creating all beings and creatures, their ways and means are under Your control; You bless the Gurmukhs with the ointment of spiritual wisdom.	ਸਾਰੇ ਜੀਵ ਪੈਦਾ ਕਰ ਕੇ ਜੀਵਾਂ ਦੀ ਜੀਵਨ-ਜੁਗਤਿ ਉਸ ਨੇ ਆਪਣੇ ਵੱਸ ਵਿਚ ਰੱਖੀ ਹੋਈ ਹੈ, (ਸਹੀ ਆਤਮਕ ਜੀਵਨ ਦੀ ਸੂਝ ਵਾਸਤੇ) ਉਹ ਆਪ ਹੀ ਗੁਰੂ ਦੀ ਰਾਹੀਂ (ਗਿਆਨ ਦਾ) ਸੁਰਮਾ ਦੇਂਦਾ ਹੈ।

54694	1273	ਅਮਰੁ ਅਨਾਥ ਸਰਬ ਸਿਰਿ ਮੋਰਾ ਕਾਲ ਬਿਕਾਲ ਭਰਮ ਭੈ ਖੰਜਨੁ॥੩॥	(ਮੋਰਾ) ਸ਼ਰੋਮਣੀ। (ਕਾਲ) ਮ੍ਰਿਤੂ। (ਬਿਕਾਲ) ਜਨਮ	Amar Anaathh Sarab Sir Moraa Kaal Bikaal Bharam Bhai Khanjan ||3||	My Eternal, Unmastered Lord is over the heads of all. He is the Destroyer of death and rebirth, doubt and fear. ||3||	ਪਰਮਾਤਮਾ ਸਦਾ ਅਟੱਲ ਹੈ, ਉਸ ਦੇ ਉੱਪਰ ਹੋਰ ਕੋਈ ਖਸਮ ਨਹੀਂ, ਉਹ ਸਭ ਦਾ ਸ਼ਿਰੋਮਣੀ ਹੈ, ਜੀਵਾਂ ਦੇ ਜਨਮ ਮਰਨ ਦੇ ਗੇੜ, ਭਟਕਣਾ ਤੇ ਡਰ-ਸਹਿਮ ਨਾਸ ਕਰਨ ਵਾਲਾ ਹੈ ॥੩॥
54695	1274	ਕਾਗਦ ਕੋਟੁ ਇਹੁ ਜਗੁ ਹੈ ਬਪੁਰੋ ਰੰਗਨਿ ਚਿਹਨ ਚਤੁਰਾਈ॥		Kaagadh Kott Eihu Jag Hai Bapuro Rangan Chihan Chathuraaee ||	This wretched world is a fortress of paper, of color and form and clever tricks.	ਇਹ ਜਗਤ ਵਿਚਾਰਾ (ਮਾਨੋ) ਕਾਗ਼ਜ਼ਾਂ ਦਾ ਕਿਲ੍ਹਾ ਹੈ ਜਿਸ ਨੂੰ (ਪ੍ਰਭੂ ਨੇ ਆਪਣੀ) ਸਿਆਣਪ ਨਾਲ ਸਜਾਵਟ ਤੇ ਰੂਪ-ਰੇਖਾ ਦਿੱਤੀ ਹੋਈ ਹੈ,
54696	1274	ਨਾਨ੍ਹੀ ਸੀ ਬੂੰਦ ਪਵਨੁ ਪਤਿ ਖੋਵੈ ਜਨਮਿ ਮਰੈ ਖਿਨੁ ਤਾਈਂ॥੪॥		Naanhee See Boondh Pavan Path Khovai Janam Marai Khin Thaaeanaee ||4||	A tiny drop of water or a little puff of wind destroys its glory; in an instant, its life is ended. ||4||	ਪਰ ਜਿਵੇਂ ਇਕ ਨਿੱਕੀ ਜਿਹੀ ਬੂੰਦ ਜਾਂ ਹਵਾ ਦਾ ਝੋਲਾ (ਕਾਗ਼ਜ਼ ਦੇ ਕਿਲ੍ਹੇ ਦੀ) ਸੋਭਾ ਗਵਾ ਦੇਂਦਾ ਹੈ, ਤਿਵੇਂ ਇਹ ਜਗਤ ਪਲ ਵਿਚ ਜੰਮਦਾ ਹੈ ਤੇ ਮਰਦਾ ਹੈ ॥੪॥
54697	1274	ਨਦੀ ਉਪ ਕੰਠਿ ਜੈਸੇ ਘਰੁ ਤਰਵਰੁ ਸਰਪਨਿ ਘਰੁ ਘਰ ਮਾਹੀ॥	(ਉਪ) ਪਾਸ। (ਕੰਠਿ) ਕੰਢੇ ਤੇ	Nadhee Oupakanth Jaisae Ghar Tharavar Sarapan Ghar Ghar Maahee ||	It is like a tree-house near the bank of a river, with a serpent's den in that house.	ਜਿਵੇਂ ਕਿਸੇ ਨਦੀ ਦੇ ਕੰਢੇ ਉਤੇ ਕੋਈ ਘਰ ਹੋਵੇ ਜਾਂ ਰੁੱਖ ਹੋਵੇ ਜਦੋਂ ਨਦੀ ਦਾ ਵੇਗ ਉਲਟਦਾ ਹੈ ਤਾਂ ਨਾਹ ਉਹ ਘਰ ਰਹਿ ਜਾਂਦਾ ਹੈ ਨਾਹ ਉਹ ਰੁੱਖ ਰਹਿ ਜਾਂਦਾ ਹੈ, ਜਿਵੇਂ ਜੇ ਕਿਸੇ ਮਨੁੱਖ ਦੇ ਘਰ ਵਿਚ ਸਪਣੀ ਦਾ ਘਰ ਹੋਵੇ-

54698	1274	ਉਲਟੀ ਨਦੀ ਕਹਾਂ ਘਰੁ ਤਰਵਰੁ ਸਰਪਨਿ ਡਸੈ ਦੂਜਾ ਮਨ ਮਾਂਹੀ॥੫॥		Oulattee Nadhee Kehaan Ghar Tharavar Sarapan Ddasai Dhoojaa Man Maanhee ||5||	When the river overflows, what happens to the tree house? The snake bites, like duality in the mind. ||5||	ਤਾਂ ਜਦੋਂ ਭੀ ਮੌਕਾ ਮਿਲਦਾ ਹੈ ਸਪਣੀ ਉਸ ਨੂੰ ਡੰਗ ਮਾਰ ਹੀ ਦੇਂਦੀ ਹੈ। ਇਸੇ ਤਰ੍ਹਾਂ ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਝਾਕ ਹੈ (ਉਹ ਨਦੀ ਦੇ ਉਲਟੇ ਹੋਏ ਹੜ੍ਹ ਵਾਂਗ ਹੈ, ਉਹ ਘਰ ਵਿਚ ਵੱਸਦੀ ਸਪਣੀ ਵਾਂਗ ਹੈ, ਇਹ ਦੂਜੀ ਝਾਕ ਆਤਮਕ ਮੌਤ ਲਿਆਉਂਦੀ ਹੈ) ॥੫॥
54699	1274	ਗਾਰੁੜ ਗੁਰ ਗਿਆਨੁ ਧਿਆਨੁ ਗੁਰ ਬਚਨੀ ਬਿਖਿਆ ਗੁਰਮਤਿ ਜਾਰੀ॥		Gaarurr Gur Giaan Dhhiaan Gur Bachanee Bikhiaa Guramath Jaaree ||	Through the magic spell of the Guru's spiritual wisdom, and meditation on the Word of the Guru's Teachings, vice and corruption are burnt away.	ਗੁਰੂ ਤੋਂ ਮਿਲਿਆ ਹੋਇਆ ਗਿਆਨ, ਗੁਰੂ ਦੇ ਬਚਨਾਂ ਦੀ ਰਾਹੀਂ (ਪ੍ਰਭੂ-ਚਰਨਾਂ ਵਿਚ) ਜੁੜੀ ਸੁਰਤ, ਮਾਨੋ, ਸੱਪ ਨੂੰ ਕੀਲਣ ਵਾਲਾ ਮੰਤਰ ਹੈ। ਜਿਸ ਦੇ ਪਾਸ ਭੀ ਇਹ ਮੰਤਰ ਹੈ ਉਸ ਨੇ ਗੁਰੂ ਦੀ ਮੱਤ ਦੀ ਬਰਕਤਿ ਨਾਲ ਮਾਇਆ (ਸਪਣੀ ਦਾ ਜ਼ਹਰ) ਸਾੜ ਲਿਆ ਹੈ।

54700	1274	ਮਨ ਤਨ ਹੇਂਵ ਭਏ ਸਚੁ ਪਾਇਆ ਹਰਿ ਕੀ ਭਗਤਿ ਨਿਰਾਰੀ॥੬॥		Man Than Haenav Bheae Sach Paaeiaa Har Kee Bhagath Niraaree ||6||	The mind and body are cooled and soothed and Truth is obtained, through the wondrous and unique devotional worship of the Lord. ||6||	(ਵੇਖੋ!) ਪਰਮਾਤਮਾ ਦੀ ਭਗਤੀ (ਇਕ) ਅਨੋਖੀ (ਦਾਤਿ) ਹੈ, ਜਿਸ ਮਨੁੱਖ ਨੇ ਪਰਮਾਤਮਾ ਦਾ ਸਦਾ-ਥਿਰ ਰਹਿਣ ਵਾਲਾ ਨਾਮ (ਹਿਰਦੇ ਵਿਚ) ਵਸਾ ਲਿਆ ਹੈ ਉਸ ਦਾ ਮਨ ਉਸ ਦਾ ਸਰੀਰ (ਭਾਵ, ਇੰਦ੍ਰੇ) ਬਰਫ਼ ਵਰਗਾ ਸੀਤਲ ਹੋ ਜਾਂਦਾ ਹੈ ॥੬॥
54701	1274	ਜੇਤੀ ਹੈ ਤੇਤੀ ਤੁਧੁ ਜਾਚੈ ਤੂ ਸਰਬ ਜੀਆਂ ਦਇਆਲਾ॥		Jaethee Hai Thaethee Thudhh Jaachai Thoo Sarab Jeeaaan Dhaeiaalaa ||	All that exists begs of You; You are merciful to all beings.	(ਹੇ ਪ੍ਰਭੂ!) ਜਿਤਨੀ ਲੁਕਾਈ ਹੈ ਸਾਰੀ ਹੀ ਤੈਥੋਂ (ਸਭ ਪਦਾਰਥ) ਮੰਗਦੀ ਹੈ, ਤੂੰ ਸਭ ਜੀਵਾਂ ਉਤੇ ਦਇਆ ਕਰਨ ਵਾਲਾ ਹੈਂ।
54702	1274	ਤੁਮ੍ਰੀ ਸਰਣਿ ਪਰੇ ਪਤਿ ਰਾਖਹੁ ਸਾਚੁ ਮਿਲੈ ਗੋਪਾਲਾ॥੭॥		Thumharee Saran Parae Path Raakhahu Saach Milai Gopaalaa ||7||	I seek Your Sanctuary; please save my honor, O Lord of the World, and bless me with Truth. ||7||	ਹੇ ਗੋਪਾਲ! ਮੈਂ ਤੇਰੀ ਸਰਨ ਪਿਆ ਹਾਂ, ਮੇਰੀ ਇੱਜ਼ਤ ਰੱਖ ਲੈ, (ਮਿਹਰ ਕਰ) ਮੈਨੂੰ ਤੇਰਾ ਸਦਾ-ਥਿਰ ਰਹਿਣ ਵਾਲਾ ਨਾਮ ਮਿਲ ਜਾਏ ॥੭॥
54703	1274	ਬਾਧੀ ਧੰਧਿ ਅੰਧ ਨਹੀ ਸੂਝੈ ਬਧਿਕ ਕਰਮ ਕਮਾਵੈ॥		Baadhhee Dhhandhh Andhh Nehee Soojhai Badhhik Karam Kamaavai ||	Bound in worldly affairs and entanglements, the blind one does not understand; he acts like a murderous butcher.	ਮਾਇਆ ਦੇ ਧੰਧੇ ਵਿਚ ਬੱਝੀ ਹੋਈ ਲੁਕਾਈ (ਆਤਮਕ ਜੀਵਨ ਵਲੋਂ) ਅੰਨ੍ਹੀ ਹੋਈ ਪਈ ਹੈ (ਸਹੀ ਜੀਵਨ-ਜੁਗਤਿ ਬਾਰੇ ਇਸ ਨੂੰ) ਕੁਝ ਭੀ ਨਹੀਂ ਸੁੱਝਦਾ, (ਤਾਹੀਏਂ) ਨਿਰਦਈ ਕੰਮ ਕਰਦੀ ਜਾ ਰਹੀ ਹੈ।

54704	1274	ਸਤਿਗੁਰ ਮਿਲੈ ਤ ਸੂਝਸਿ ਬੂਝਸਿ ਸਚ ਮਨਿ ਗਿਆਨੁ ਸਮਾਵੈ॥੮॥		Sathigur Milai Th Soojhas Boojhas Sach Man Giaan Samaavai ||8||	But if he meets with the True Guru, then he comprehends and understands, and his mind is imbued with true spiritual wisdom. ||8||	ਜੇ ਜੀਵ ਗੁਰੂ ਨੂੰ ਮਿਲ ਪਏ ਤਾਂ ਇਸ (ਆਤਮਕ ਜੀਵਨ ਬਾਰੇ) ਸਮਝ ਆ ਜਾਂਦੀ ਹੈ, ਇਸ ਦੇ ਮਨ ਵਿਚ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਜਾਣ-ਪਛਾਣ ਟਿੱਕ ਜਾਂਦੀ ਹੈ ॥੮॥
54705	1274	ਨਿਰਗੁਣ ਦੇਹ ਸਾਚ ਬਿਨੁ ਕਾਚੀ ਮੈ ਪੂਛਉ ਗੁਰੁ ਅਪਨਾ॥		Niragun Dhaeh Saach Bin Kaachee Mai Pooshho Gur Apanaa ||	Without the Truth, this worthless body is false; I have consulted my Guru on this.	ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਨਾਮ ਤੋਂ ਬਿਨਾ ਗੁਣ-ਹੀਨ ਮਨੁੱਖਾ ਸਰੀਰ ਕੱਚਾ ਹੀ ਰਹਿੰਦਾ ਹੈ (ਭਾਵ, ਜੀਵ ਨੂੰ ਜਨਮ ਮਰਨ ਮਿਲਦਾ ਰਹਿੰਦਾ ਹੈ), (ਇਸ ਵਾਸਤੇ ਸਹੀ ਜੀਵਨ-ਰਾਹ ਤੇ ਤੁਰਨ ਵਾਸਤੇ) ਮੈਂ ਆਪਣੇ ਗੁਰੂ ਤੋਂ ਸਿੱਖਿਆ ਲੈਂਦਾ ਹਾਂ,
54706	1274	ਨਾਨਕ ਸੋ ਪ੍ਰਭੁ ਪ੍ਰਭੂ ਦਿਖਾਵੈ ਬਿਨੁ ਸਾਚੇ ਜਗੁ ਸੁਪਨਾ॥੯॥੨॥		Naanak So Prabh Prabhoo Dhikhaavai Bin Saachae Jag Supanaa ||9||2||	O Nanak, that God has revealed God to me; without the Truth, all the world is just a dream. ||9||2||	ਤੇ ਹੇ ਨਾਨਕ! ਗੁਰੂ ਪਰਮਾਤਮਾ ਦਾ ਦੀਦਾਰ ਕਰਾ ਦੇਂਦਾ ਹੈ। ਸਦਾ-ਥਿਰ ਪ੍ਰਭੂ ਦੇ ਨਾਮ ਤੋਂ ਬਿਨਾ ਜਗਤ ਸੁਪਨੇ ਵਾਂਗ ਹੀ ਹੈ (ਭਾਵ, ਜਿਵੇਂ ਸੁਪਨੇ ਵਿਚ ਵੇਖੇ ਹੋਏ ਪਦਾਰਥ ਜਾਗ ਖੁਲ੍ਹਣ ਤੇ ਅਲੋਪ ਹੋ ਜਾਂਦੇ ਹਨ, ਇਸੇ ਤਰ੍ਹਾਂ ਦੁਨੀਆ ਵਿਚ ਇਕੱਠੇ ਕੀਤੇ ਹੋਏ ਸਾਰੇ ਹੀ ਪਦਾਰਥ ਅੰਤ ਵੇਲੇ ਖੁੱਸ ਜਾਂਦੇ ਹਨ। ਇਕ ਪ੍ਰਭੂ-ਨਾਮ ਹੀ ਪੱਲੇ ਰਹਿ ਸਕਦਾ ਹੈ) ॥੯॥੨॥

54707	1274	ਮਲਾਰ ਮਹਲਾ ੧॥		Malaar Mehalaa 1 ||	Malaar, First Mehl:	
54708	1274	ਚਾਤ੍ਰਿਕ ਮੀਨ ਜਲ ਹੀ ਤੇ ਸੁਖੁ ਪਾਵਹਿ ਸਾਰਿੰਗ ਸਬਦਿ ਸੁਹਾਈ॥੧॥		Chaathrik Meen Jal Hee Thae Sukh Paavehi Saaring Sabadh Suhaaee ||1||	The rainbird and the fish find peace in water; the deer is pleased by the sound of the bell. ||1||	(ਹੇ ਮਾਂ! ਬਬੀਹੇ ਦੀ ਕੂਕ ਸੁਣ ਕੇ ਮੈਨੂੰ ਸਮਝ ਆਈ ਕਿ) ਬਬੀਹਾ ਤੇ ਮੱਛੀ ਪਾਣੀ ਤੋਂ ਹੀ ਸੁਖ ਪਾਂਦੇ ਹਨ, ਹਰਨ ਭੀ (ਘੰਡੇ ਹੇੜੇ ਦੇ) ਸ਼ਬਦ ਤੋਂ ਸੁਖ ਲੈਂਦਾ ਹੈ (ਤਾਂ ਫਿਰ ਪਤੀ-ਪ੍ਰਭੂ ਦੇ ਵਿਛੋੜੇ ਵਿਚ ਮੈਂ ਕਿਵੇਂ ਸੁਖੀ ਹੋਣ ਦੀ ਆਸ ਕਰ ਸਕਦੀ ਹਾਂ?) ॥੧॥
54709	1274	ਰੈਨਿ ਬਬੀਹਾ ਬੋਲਿਓ ਮੇਰੀ ਮਾਈ॥੧॥ਰਹਾਉ॥		Rain Babeehaa Boliou Maeree Maaee ||1|| Rehaao ||	The rainbird chirps in the night, O my mother. ||1||Pause||	ਹੇ ਮੇਰੀ ਮਾਂ! (ਸ੍ਵਾਂਤੀ ਬੂੰਦ ਦੀ ਤਾਂਘ ਵਿਚ) ਰਾਤੀਂ ਬਬੀਹਾ (ਬੜੇ ਵੈਰਾਗ ਵਿਚ) ਬੋਲਿਆ (ਉਸ ਦੀ ਵਿਲਕਣੀ ਸੁਣ ਕੇ ਮੇਰੇ ਅੰਦਰ ਭੀ ਧ੍ਰੂਹ ਪਈ) ॥੧॥ ਰਹਾਉ ॥
54710	1274	ਪ੍ਰਿਅ ਸਿਉ ਪ੍ਰੀਤਿ ਨ ਉਲਟੈ ਕਬਹੂ ਜੋ ਤੈ ਭਾਵੈ ਸਾਈ॥੨॥	ਤੈਂ। ਸਾਂਈਂ	Pria Sio Preeth N Oulattai Kabehoo Jo Thai Bhaavai Saaee ||2||	O my Beloved, my love for You shall never end, if it is Your Will. ||2||	(ਹੇ ਮਾਂ! ਬਬੀਹੇ ਮੱਛੀ ਹਰਨ ਆਦਿਕ ਦੀ) ਪ੍ਰੀਤ (ਆਪੋ ਆਪਣੇ) ਪਿਆਰੇ ਵਲੋਂ ਕਦੇ ਭੀ ਪਰਤਦੀ ਨਹੀਂ। (ਇਹ ਮਨੁੱਖ ਹੀ ਹੈ ਜਿਸ ਦੀ ਪ੍ਰੀਤ ਪ੍ਰਭੂ-ਚਰਨਾਂ ਵਲੋਂ ਹੱਟ ਕੇ ਦੁਨੀਆ ਨਾਲ ਬਣ ਜਾਂਦੀ ਹੈ। ਹੇ ਮਾਂ! ਮੈਂ ਅਰਦਾਸ ਕੀਤੀ ਕਿ ਹੇ ਪ੍ਰਭੂ!) ਜੋ ਤੈਨੂੰ ਭਾਵੇ ਉਹੀ ਗੱਲ ਹੁੰਦੀ ਹੈ (ਮੈਨੂੰ ਆਪਣੇ ਚਰਨਾਂ ਦੀ ਪ੍ਰੀਤ ਦੇਹ) ॥੨॥

54711	1274	ਨੀਦ ਗਈ ਹਉਮੈ ਤਨਿ ਥਾਕੀ ਸਚ ਮਤਿ ਰਿਦੈ ਸਮਾਈ॥੩॥	ਨੀਂਦ। ਥੱਕੀ	Needh Gee Houmai Than Thhaakee Sach Math Ridhai Samaaee ||3||	Sleep is gone, and egotism is exhausted from my body; my heart is permeated with the Teachings of Truth. ||3||	(ਹੇ ਮਾਂ! ਮੇਰੀ ਬੇਨਤੀ ਸੁਣ ਕੇ ਪ੍ਰਭੂ ਨੇ ਮਿਹਰ ਕੀਤੀ) ਮੇਰੇ ਹਿਰਦੇ ਵਿਚ ਉਸ ਸਦਾ-ਥਿਰ ਪ੍ਰੀਤਮ ਦਾ ਨਾਮ ਸਿਮਰਨ ਵਾਲੀ ਮੱਤ ਆ ਟਿਕੀ, ਹੁਣ ਮੇਰੀ ਮਾਇਆ ਦੇ ਮੋਹ ਵਾਲੀ ਨੀਂਦ ਮੁੱਕ ਗਈ ਹੈ, ਮੇਰੇ ਸਰੀਰ ਵਿਚ ਦੀ ਹਉਮੈ ਭੀ ਦੂਰ ਹੋ ਗਈ ਹੈ ॥੩॥
54712	1274	ਰੂਖੀ ਬਿਰਖੀ ਊਡਉ ਭੂਖਾ ਪੀਵਾ ਨਾਮੁ ਸੁਭਾਈ॥੪॥		Rookhanaee Birakhanaee Ooddo Bhookhaa Peevaa Naam Subhaaee ||4||	Flying among the trees and plants, I remain hungry; lovingly drinking in the Naam, the Name of the Lord, I am satisfied. ||4||	(ਹੇ ਮਾਂ! ਬਬੀਹੇ ਦੀ ਵਿਲਕਣੀ ਵਿਚੋਂ ਮੈਨੂੰ ਜਾਪਿਆ ਕਿ ਉਹ ਇਉਂ ਤਰਲੇ ਲੈ ਰਿਹਾ ਹੈ-) ਮੈਂ ਰੁੱਖਾਂ ਬਿਰਖਾਂ ਤੇ ਉੱਡ ਉੱਡ ਕੇ ਜਾਂਦਾ ਹਾਂ ਪਰ (ਸ੍ਵਾਂਤੀ ਬੂੰਦ ਤੋਂ ਬਿਨਾ) ਭੁੱਖਾ (ਪਿਆਸਾ) ਹੀ ਹਾਂ! (ਬਬੀਹੇ ਦੀ ਵਿਲਕਣੀ ਤੋਂ ਪ੍ਰੇਰਿਤ ਹੋ ਕੇ ਹੁਣ) ਮੈਂ ਬੜੇ ਪਿਆਰ ਨਾਲ ਪਰਮਾਤਮਾ-ਪਤੀ ਦਾ ਨਾਮ-ਅੰਮ੍ਰਿਤ ਪੀ ਰਹੀ ਹਾਂ ॥੪॥
54713	1274	ਲੋਚਨ ਤਾਰ ਲਲਤਾ ਬਿਲਲਾਤੀ ਦਰਸਨ ਪਿਆਸ ਰਜਾਈ॥੫॥		Lochan Thaar Lalathaa Bilalaathee Dharasan Piaas Rajaaee ||5||	I stare at You, and my tongue cries out to You; I am so thirsty for the Blessed Vision of Your Darshan. ||5||	(ਹੇ ਮਾਂ!) ਰਜ਼ਾ ਦੇ ਮਾਲਕ ਪ੍ਰਭੂ ਦੇ ਦੀਦਾਰ ਦੀ (ਮੇਰੇ ਅੰਦਰ) ਬੜੀ ਤਾਂਘ ਹੈ, ਮੇਰੀ ਜੀਭ (ਉਸ ਦੇ ਦਰਸਨ ਲਈ) ਤਰਲੇ ਲੈ ਰਹੀ ਹੈ, (ਉਡੀਕ ਵਿਚ) ਮੇਰੀਆਂ ਅੱਖਾਂ ਦੀ ਟਿਕਟਿਕੀ ਲੱਗੀ ਹੋਈ ਹੈ ॥੫॥

54714	1274	ਪ੍ਰਿਅ ਬਿਨੁ ਸੀਗਾਰੁ ਕਰੀ ਤੇਤਾ ਤਨੁ ਤਾਪੈ ਕਾਪਰੁ ਅੰਗਿ ਨ ਸੁਹਾਈ॥੬॥		Pria Bin Seegaar Karee Thaethaa Than Thaapai Kaapar Ang N Suhaaee ||6||	Without my Beloved, the more I decorate myself, the more my body burns; these clothes do not look good on my body. ||6||	(ਹੇ ਮਾਂ! ਹੁਣ ਮੈਂ ਮਹਿਸੂਸ ਕਰਦੀ ਹਾਂ ਕਿ) ਪਿਆਰੇ ਪ੍ਰਭੂ-ਪਤੀ ਤੋਂ ਬਿਨਾ ਮੈਂ ਜਿਤਨਾ ਭੀ ਸਿੰਗਾਰ ਕਰਦੀ ਹਾਂ ਉਤਨਾ ਹੀ (ਵਧੀਕ) ਮੇਰਾ ਸਰੀਰ (ਸੁਖੀ ਹੋਣ ਦੇ ਥਾਂ) ਤਪਦਾ ਹੈ। (ਚੰਗੇ ਤੋਂ ਚੰਗਾ ਭੀ) ਕੱਪੜਾ (ਮੈਨੂੰ ਆਪਣੇ) ਸਰੀਰ ਉਤੇ ਸੁਖਾਂਦਾ ਨਹੀਂ ਹੈ ॥੬॥
54715	1274	ਅਪਨੇ ਪਿਆਰੇ ਬਿਨੁ ਇਕੁ ਖਿਨੁ ਰਹਿ ਨ ਸਕਉ ਬਿਨ ਮਿਲੇ ਨੀਂਦ ਨ ਪਾਈ॥੭॥		Apanae Piaarae Bin Eik Khin Rehi N Sakano Bin Milae Nanaeedh N Paaee ||7||	Without my Beloved, I cannot survive even for an instant; without meeting Him, I cannot sleep. ||7||	(ਹੇ ਮਾਂ!) ਆਪਣੇ ਪਿਆਰੇ ਤੋਂ ਬਿਨਾ ਮੈਂ (ਇਕ) ਪਲ ਭਰ ਭੀ (ਸ਼ਾਂਤ-ਚਿੱਤ) ਨਹੀਂ ਰਹਿ ਸਕਦੀ, ਪ੍ਰਭੂ-ਪਤੀ ਨੂੰ ਮਿਲਣ ਤੋਂ ਬਿਨਾ ਮੈਨੂੰ ਨੀਂਦ ਨਹੀਂ ਪੈਂਦੀ (ਸ਼ਾਂਤੀ ਨਹੀਂ ਆਉਂਦੀ) ॥੭॥
54716	1274	ਪਿਰੁ ਨਜੀਕਿ ਨ ਬੂਝੈ ਬਪੁੜੀ ਸਤਿਗੁਰਿ ਦੀਆ ਦਿਖਾਈ॥੮॥		Pir Najeek N Boojhai Bapurree Sathigur Dheeaa Dhikhaaee ||8||	Her Husband Lord is nearby, but the wretched bride does not know it. The True Guru reveals Him to her. ||8||	(ਹੇ ਮਾਂ!) ਪ੍ਰਭੂ-ਪਤੀ ਤਾਂ (ਹਰੇਕ ਜੀਵ-ਇਸਤ੍ਰੀ ਦੇ) ਨੇੜੇ (ਵੱਸਦਾ) ਹੈ; ਪਰ ਭਾਗ-ਹੀਣ ਨੂੰ ਇਹ ਸਮਝ ਨਹੀਂ ਆਉਂਦੀ। (ਸੁਭਾਗਣ) ਨੂੰ (ਉਸ ਦੇ ਅੰਦਰ ਹੀ ਪਰਮਾਤਮਾ) ਵਿਖਾ ਦਿੱਤਾ ਹੈ ॥੮॥

54717	1274	ਸਹਜਿ ਮਿਲਿਆ ਤਬ ਹੀ ਸੁਖੁ ਪਾਇਆ ਤ੍ਰਿਸਨਾ ਸਬਦਿ ਬੁਝਾਈ॥੯॥	ਬੁਝਾਈ: ਪੋਲਾ ਬੋਲੋ	Sehaj Miliaa Thab Hee Sukh Paaeiaa Thrisanaa Sabadh Bujhaaee ||9||	When she meets Him with intuitive ease, she finds peace; the Word of the Shabad quenches the fire of desire. ||9||	(ਗੁਰੂ ਦੀ ਕਿਰਪਾ ਨਾਲ ਜੇਹੜੀ ਜੀਵ-ਇਸਤ੍ਰੀ) ਆਤਮਕ ਅਡੋਲਤਾ ਵਿਚ (ਟਿੱਕ ਗਈ ਉਸਨੂੰ ਪ੍ਰਭੂ-ਪਤੀ) ਮਿਲ ਪਿਆ (ਉਸ ਦੇ ਦੀਦਾਰ ਹੋਇਆਂ ਉਸ ਨੂੰ) ਉਸ ਵੇਲੇ ਆਤਮਕ ਆਨੰਦ ਪ੍ਰਾਪਤ ਹੋ ਗਿਆ, ਗੁਰੂ ਦੇ ਸ਼ਬਦ ਨੇ ਉਸ ਦੀ ਤ੍ਰਿਸ਼ਨਾ (ਦੀ ਅੱਗ) ਬੁਝਾ ਦਿੱਤੀ ॥੯॥
54718	1274	ਕਹੁ ਨਾਨਕ ਤੁਝ ਤੇ ਮਨੁ ਮਾਨਿਆ ਕੀਮਤਿ ਕਹਨੁ ਨ ਜਾਈ॥੧੦॥੩॥		Kahu Naanak Thujh Thae Man Maaniaa Keemath Kehan N Jaaee ||10||3||	Says Nanak, through You, O Lord, my mind is pleased and appeased; I cannot express Your worth. ||10||3||	ਹੇ ਨਾਨਕ! (ਪ੍ਰਭੂ-ਚਰਨਾਂ ਵਿਚ ਅਰਦਾਸ ਕਰ ਕੇ ਆਖ-ਹੇ ਪ੍ਰਭੂ!) ਤੇਰੀ ਮਿਹਰ ਨਾਲ ਮੇਰਾ ਮਨ (ਤੇਰੀ ਯਾਦ ਵਿਚ) ਗਿੱਝ ਗਿਆ ਹੈ (ਤੇ ਮੇਰੇ ਅੰਦਰ ਅਜੇਹਾ ਆਤਮਕ ਆਨੰਦ ਬਣ ਗਿਆ ਹੈ ਜਿਸ ਦਾ) ਮੁੱਲ ਨਹੀਂ ਪਾਇਆ ਜਾ ਸਕਦਾ ॥੧੦॥੩॥
54719	1274	ਮਲਾਰ ਮਹਲਾ ੧ ਅਸਟਪਦੀਆ ਘਰੁ ੨	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ।	Malaar Mehalaa 1 Asattapadheeaa Ghar 2	Malaar, First Mehl, Ashtapadees, Second House:	ਰਾਗ ਮਲਾਰ, ਘਰ ੨ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
54720	1274	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

54721	1274	ਅਖਲੀ ਊਂਡੀ ਜਲੁ ਭਰ ਨਾਲਿ॥	(ਅਖਲੀ) ਲਮਢੀਂਗ। (ਊਂਡੀ) ਉੱਡ ਕੇ। (ਨਾਲਿ) ਨਾਲੀ ਚ ਪਾਣੀ ਭਰ ਲੈਂਦੇ ਹਨ। ਸਕਾਮੀ ਪੁਰਖ ਪੁੰਨਾਂ ਰੂਪੀ ਪਾਣੀ ਨੂੰ ਭਰ ਕੇ ਸਵਰਗ ਰੂਪੀ ਪਹਾੜੀ ਤੇ ਚੜਦੇ ਹਨ, ਪੁੰਨਾਂ ਰੂਪੀ ਪਾਣੀ ਦੇ ਨਾਸ ਹੋਇਆ ਫੇਰ ਏਸ ਲੋਕ ਰੂਪੀ ਪਤਾਲ ਚ ਆ ਡਿਗਦੇ ਹਨ। ਅਖਲੀ: ਪੋਲਾ ਬੋਲੋ	Akhalee Oonaddee Jal Bhar Naal ||	The earth bends under the weight of the water,	ਜੇ ਲਮਢੀਂਗ (ਆਦਿਕ ਪੰਛੀ) ਉੱਚੇ ਆਕਾਸ਼ ਵਿਚ ਉੱਡ ਰਿਹਾ ਹੈ (ਤਾਂ ਉਥੇ ਉੱਡਦੇ ਨੂੰ ਪਾਣੀ ਨਹੀਂ ਮਿਲ ਸਕਦਾ ਕਿਉਂਕਿ) ਪਾਣੀ ਸਮੁੰਦਰ ਵਿਚ ਹੈ (ਆਤਮਕ ਸ਼ਾਂਤੀ ਸੀਤਲਤਾ ਨਿਮ੍ਰਤਾ ਵਿਚ ਹੈ। ਇਹ ਉਸ ਮਨੁੱਖ ਨੂੰ ਪ੍ਰਾਪਤ ਨਹੀਂ ਹੋ ਸਕਦੀ ਜਿਸ ਦਾ ਦਿਮਾਗ਼ ਮਾਇਆ ਆਦਿਕ ਦੇ ਅਹੰਕਾਰ ਵਿਚ ਅਸਮਾਨੀਂ ਚੜ੍ਹਿਆ ਹੋਇਆ ਹੋਵੇ)।
54722	1274	ਡੂਗਰੁ ਊਚਉ ਗੜੁ ਪਾਤਾਲਿ॥	ਗੜ੍	Ddoogar Oocho Garr Paathaal ||	The lofty mountains and the caverns of the underworld.	ਕਿਲ੍ਹਾ ਪਾਤਾਲ ਵਿਚ ਹੈ, ਪਰ ਪਹਾੜ (ਦਾ ਪੈਂਡਾ) ਉੱਚਾ ਹੈ (ਜੇ ਕੋਈ ਮਨੁੱਖ ਕਾਮਾਦਿਕ ਵੈਰੀਆਂ ਤੋਂ ਬਚਣ ਲਈ ਕੋਈ ਸਤਸੰਗ ਆਦਿਕ ਆਸਰਾ ਲੋੜਦਾ ਹੈ, ਪਰ ਚੜ੍ਹਿਆ ਜਾ ਰਿਹਾ ਹੈ ਹਉਮੈ ਅਹੰਕਾਰ ਦੇ ਪਹਾੜ ਉਤੇ, ਤਾਂ ਉਸ ਰਾਹੇ ਪੈ ਕੇ ਉਹ ਵੈਰੀਆਂ ਦੀ ਚੋਟ ਤੋਂ ਬਚ ਨਹੀਂ ਸਕਦਾ)।
54723	1274	ਸਾਗਰੁ ਸੀਤਲੁ ਗੁਰ ਸਬਦ ਵੀਚਾਰਿ॥		Saagar Seethal Gur Sabadh Veechaar ||	Contemplating the Word of the Guru's Shabad, the oceans become calm.	ਗੁਰੂ ਦੇ ਸ਼ਬਦ ਦੀ ਵਿਚਾਰ ਕੀਤਿਆਂ ਸੰਸਾਰ-ਸਮੁੰਦਰ (ਜੋ ਵਿਕਾਰਾਂ ਦੀ ਅੱਗ ਨਾਲ ਤਪ ਰਿਹਾ ਹੈ) ਠੰਢਾ-ਠਾਰ ਹੋ ਜਾਂਦਾ ਹੈ।

54724	1274	ਮਾਰਗੁ ਮੁਕਤਾ ਹਉਮੈ ਮਾਰਿ॥੧॥		Maarag Mukathaa Houmai Maar ||1||	The path of liberation is found by subduing the ego. ||1||	(ਗੁਰੂ ਦੇ ਸ਼ਬਦ ਦੀ ਸਹਾਇਤਾ ਨਾਲ) ਹਉਮੈ ਮਾਰਿਆਂ ਜੀਵਨ ਦਾ ਰਸਤਾ ਖੁਲ੍ਹਾ ਹੋ ਜਾਂਦਾ ਹੈ (ਵਿਕਾਰਾਂ ਦੀ ਰੁਕਾਵਟ ਨਹੀਂ ਰਹਿੰਦੀ) ॥੧॥
54725	1274	ਮੈ ਅੰਧੁਲੇ ਨਾਵੈ ਕੀ ਜੋਤਿ॥		Mai Andhhulae Naavai Kee Joth ||	I am blind; I seek the Light of the Name.	ਮੈਨੂੰ ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਹੋਏ ਨੂੰ ਪਰਮਾਤਮਾ ਦੇ ਨਾਮ ਦਾ ਚਾਨਣ ਮਿਲ ਗਿਆ ਹੈ।
54726	1274	ਨਾਮ ਅਧਾਰਿ ਚਲਾ ਗੁਰ ਕੈ ਭੈ ਭੇਤਿ॥੧॥ਰਹਾਉ॥	ਚੱਲਾਂ	Naam Adhhaar Chalaa Gur Kai Bhai Bhaeth ||1|| Rehaao ||	I take the Support of the Naam, the Name of the Lord. I walk on the path of mystery of the Guru's Fear. ||1||Pause||	ਹੁਣ ਮੈਂ (ਜੀਵਨ-ਪੰਧ ਵਿਚ) ਪ੍ਰਭੂ ਦੇ ਨਾਮ ਦੇ ਆਸਰੇ ਤੁਰਦਾ ਹਾਂ, ਗੁਰੂ ਦੇ ਡਰ-ਅਦਬ ਵਿਚ ਰਹਿ ਕੇ ਤੁਰਦਾ ਹਾਂ, (ਜੀਵਨ-ਔਕੜਾਂ ਬਾਰੇ) ਗੁਰੂ ਦੇ ਸਮਝਾਏ ਹੋਏ ਭੇਦ ਦੀ ਸਹਾਇਤਾ ਨਾਲ ਤੁਰਦਾ ਹਾਂ ॥੧॥ ਰਹਾਉ ॥
54727	1275	ਸਤਿਗੁਰ ਸਬਦੀ ਪਾਧਰੁ ਜਾਣਿ॥		Sathigur Sabadhee Paadhhar Jaan ||	Through the Shabad, the Word of the True Guru, the Path is known.	ਜੇਹੜਾ ਮਨੁੱਖ ਸਤਿਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਜ਼ਿੰਦਗੀ ਦਾ ਪੱਧਰਾ ਰਸਤਾ ਸਮਝ ਲੈਂਦਾ ਹੈ,
54728	1275	ਗੁਰ ਕੈ ਤਕੀਐ ਸਾਚੈ ਤਾਣਿ॥	ਤਕੀਐ:ਪੋਲਾ ਬੋਲੋ। (ਤਕੀਐ)ਆਸਰੇ	Gur Kai Thakeeai Saachai Thaan ||	With the Guru's Support, one is blessed with the strength of the True Lord.	ਉਹ (ਇਸ ਜੀਵਨ-ਸਫ਼ਰ ਵਿਚ) ਗੁਰੂ ਦੇ ਆਸਰੇ ਤੁਰਦਾ ਹੈ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਦੇ ਸਹਾਰੇ ਤੁਰਦਾ ਹੈ,

54729	1275	ਨਾਮੁ ਸਮ੍ਹਾਲਸਿ ਰੂੜੀ ਬਾਣਿ॥	(ਰੂੜ੍ਹੀ) ਸੁੰਦਰ	Naam Samhaalas Roorrhee Baan ||	Dwell on the Naam, and realize the Beauteous Word of His Bani.	ਉਹ ਸਤਿਗੁਰੂ ਦੀ ਸੁੰਦਰ ਬਾਣੀ ਦੀ ਰਾਹੀਂ ਪਰਮਾਤਮਾ ਦਾ ਨਾਮ (ਹਿਰਦੇ ਵਿਚ) ਵਸਾਂਦਾ ਹੈ।
54730	1275	ਥੈਂ ਭਾਵੈ ਦਰੁ ਲਹਸਿ ਪਿਰਾਣਿ॥੨॥	ਥੈਂ ਆਪ ਨੂੰ। (ਪਿਰਾਣਿ) ਪਛਾਣ ਲੈਣ	Thhain Bhaavai Dhar Lehas Piraan ||2||	If it is Your Will, Lord, You lead me to find Your Door. ||2||	ਹੇ ਪ੍ਰਭੂ! ਜਦੋਂ ਤੇਰੀ ਮਿਹਰ ਹੁੰਦੀ ਹੈ ਤਾਂ ਉਹ ਤੇਰਾ ਦਰ ਪਛਾਣ ਕੇ ਲੱਭ ਲੈਂਦਾ ਹੈ ॥੨॥
54731	1275	ਊਡਾਂ ਬੈਸਾ ਏਕ ਲਿਵ ਤਾਰ॥	ਬੈਸਾਂ	Ooddaan Baisaa Eaek Liv Thaar ||	Flying high or sitting down, I am lovingly focused on the One Lord.	ਜਿਉਂ ਜਿਉਂ ਮੈਂ (ਜੀਵ-ਪੰਛੀ) ਜੀਵਨ-ਪੰਧ ਵਿਚ ਇਕ ਪਰਮਾਤਮਾ ਦੇ ਚਰਨਾਂ ਵਿਚ ਇਕ-ਰਸ ਸੁਰਤ ਜੋੜ ਕੇ ਉਡਾਰੀਆਂ ਲਾਂਦਾ ਹਾਂ ਤੇ ਲਗਨ ਦਾ ਸਹਾਰਾ ਲੈਂਦਾ ਹਾਂ,
54732	1275	ਗੁਰ ਕੈ ਸਬਦਿ ਨਾਮ ਆਧਾਰ॥		Gur Kai Sabadh Naam Aadhhaar ||	Through the Word of the Guru's Shabad, I take the Naam as my Suppport.	ਗੁਰੂ ਦੇ ਸ਼ਬਦ ਵਿਚ ਜੁੜ ਕੇ ਪ੍ਰਭੂ-ਨਾਮ ਦਾ ਆਸਰਾ ਲੈਂਦਾ ਹਾਂ,
54733	1275	ਨਾ ਜਲੁ ਡੂੰਗਰੁ ਨ ਊਚੀ ਧਾਰ॥		Naa Jal Ddoongar N Oochee Dhhaar ||	There is no ocean of water, no mountain ranges rising up.	(ਤਾਂ) ਮੇਰੇ ਜੀਵਨ-ਰਸਤੇ ਵਿਚ ਨਾਹ ਸੰਸਾਰ-ਸਮੁੰਦਰ ਦਾ (ਵਿਕਾਰ-) ਜਲ ਆਉਂਦਾ ਹੈ ਨਾਹ (ਹਉਮੈ ਅਹੰਕਾਰ ਦਾ) ਪਹਾੜ ਖੜਾ ਹੁੰਦਾ ਹੈ, ਤੇ ਨਾਹ ਹੀ ਵਿਕਾਰਾਂ ਦਾ ਕੋਈ ਉੱਚਾ ਲੰਮਾ ਪਹਾੜੀ ਸਿਲਸਿਲਾ ਆ ਖਲੋਂਦਾ ਹੈ।

54734	1275	ਨਿਜ ਘਰਿ ਵਾਸਾ ਤਹ ਮਗੁ ਨ ਚਾਲਣਹਾਰ॥੩॥		Nij Ghar Vaasaa Theh Mag N Chaalanehaar ||3||	I dwell within the home of my own inner being, where there is no path and no one travelling on it. ||3||	ਸ੍ਵੈ ਸਰੂਪ ਵਿਚ (ਆਪਣੇ ਅੰਦਰ ਹੀ ਪ੍ਰਭੂ-ਚਰਨਾਂ ਵਿਚ) ਮੇਰਾ ਨਿਵਾਸ ਹੋ ਜਾਂਦਾ ਹੈ। ਉਸ ਆਤਮਕ ਅਵਸਥਾ ਵਿਚ ਨਾਹ (ਜਨਮ ਮਰਨ ਦੇ ਗੇੜ ਵਾਲਾ) ਰਸਤਾ ਫੜਨਾ ਪੈਂਦਾ ਹੈ ਨਾਹ ਹੀ ਉਸ ਰਸਤੇ ਤੁਰਨ ਵਾਲਾ ਹੀ ਕੋਈ ਹੁੰਦਾ ਹੈ ॥੩॥
54735	1275	ਜਿਤੁ ਘਰਿ ਵਸਹਿ ਤੂਹੈ ਬਿਧਿ ਜਾਣਹਿ ਬੀਜਉ ਮਹਲੁ ਨ ਜਾਪੈ॥		Jith Ghar Vasehi Thoohai Bidhh Jaanehi Beejo Mehal N Jaapai ||	You alone know the way to that House in which You dwell. No one else knows the Mansion of Your Presence.	ਹੇ ਪ੍ਰਭੂ! ਜਿਸ ਮਨੁੱਖ ਦੇ ਹਿਰਦੇ ਘਰ ਵਿਚ ਤੂੰ ਪਰਗਟ ਹੋ ਪੈਂਦਾ ਹੈਂ ਉਸ ਦੀ ਆਤਮਕ ਅਵਸਥਾ ਤੂੰ ਹੀ ਜਾਣਦਾ ਹੈਂ ਕਿ ਉਸ ਨੂੰ ਤੈਥੋਂ ਬਿਨਾ ਕੋਈ ਹੋਰ ਆਸਰਾ ਸੁੱਝਦਾ ਹੀ ਨਹੀਂ।
54736	1275	ਸਤਿਗੁਰ ਬਾਝਹੁ ਸਮਝ ਨ ਹੋਵੀ ਸਭੁ ਜਗੁ ਦਬਿਆ ਛਾਪੈ॥	ਦੱਬਿਆ	Sathigur Baajhahu Samajh N Hovee Sabh Jag Dhabiaa Shhaapai ||	Without the True Guru, there is no understanding. The whole world is buried under its nightmare.	ਸਾਰਾ ਜਗਤ ਪ੍ਰਭੂ ਤੋਂ ਬਿਨਾ ਹੋਰ ਹੋਰ ਆਸਰੇ ਦੀ ਝਾਕ ਦੇ ਦਬਾਉ ਹੇਠ ਦਬਿਆ ਪਿਆ ਹੈ। ਗੁਰੂ ਤੋਂ ਬਿਨਾ ਸਮਝ ਨਹੀਂ ਆ ਸਕਦੀ।
54737	1275	ਕਰਣ ਪਲਾਵ ਕਰੈ ਬਿਲਲਾਤਉ ਬਿਨੁ ਗੁਰ ਨਾਮੁ ਨ ਜਾਪੈ॥		Karan Palaav Karai Bilalaatho Bin Gur Naam N Jaapai ||	The mortal tries all sorts of things, and weeps and wails, but without the Guru, he does not know the Naam, the Name of the Lord.	(ਪ੍ਰਭੂ ਨਾਮ ਦਾ ਆਸਰਾ ਛੱਡ ਕੇ ਜਗਤ) ਤਰਲੈ ਲੈਂਦਾ ਹੈ ਤੇ ਵਿਲਕਦਾ ਹੈ। ਗੁਰੂ ਦੀ ਸਰਨ ਤੋਂ ਬਿਨਾ ਨਾਮ ਜਪ ਨਹੀਂ ਸਕਦਾ।

54738	1275	ਪਲ ਪੰਕਜ ਮਹਿ ਨਾਮੁ ਛਡਾਏ ਜੇ ਗੁਰ ਸਬਦੁ ਸਿਞਾਪੈ॥੪॥		Pal Pankaj Mehi Naam Shhaddaaeae Jae Gur Sabadh Sinjaapai ||4||	In the twinkling of an eye, the Naam saves him, if he realizes the Word of the Guru's Shabad. ||4||	ਪਰ ਜੇ ਜੀਵ ਗੁਰੂ ਦੇ ਸ਼ਬਦ ਨੂੰ ਪਛਾਣ ਲਏ ਤਾਂ ਪ੍ਰਭੂ ਦਾ ਨਾਮ ਇਸ ਨੂੰ ਅੱਖ ਦੇ ਇਕ ਫੋਰ ਵਿਚ (ਮਾਇਆ ਦੇ ਦਬਾਉ ਤੋਂ) ਛਡਾ ਲੈਂਦਾ ਹੈ ॥੪॥
54739	1275	ਇਕਿ ਮੂਰਖ ਅੰਧੇ ਮੁਗਧ ਗਵਾਰ॥		Eik Moorakh Andhhae Mugadhh Gavaar ||	Some are foolish, blind, stupid and ignorant.	(ਜਗਤ ਵਿਚ) ਅਨੇਕਾਂ ਹੀ ਮੂਰਖ ਐਸੇ ਹਨ ਜੋ ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਪਏ ਹਨ।
54740	1275	ਇਕਿ ਸਤਿਗੁਰ ਕੈ ਭੈ ਨਾਮ ਅਧਾਰ॥		Eik Sathigur Kai Bhai Naam Adhhaar ||	Some, through fear of the True Guru, take the Support of the Naam.	ਪਰ ਅਨੇਕਾਂ ਹੀ ਐਸੇ ਭੀ ਹਨ ਜੋ ਗੁਰੂ ਦੇ ਡਰ-ਅਦਬ ਵਿਚ ਤੁਰ ਕੇ ਪ੍ਰਭੂ-ਨਾਮ ਦਾ ਆਸਰਾ ਲੈਂਦੇ ਹਨ।
54741	1275	ਸਾਚੀ ਬਾਣੀ ਮੀਠੀ ਅੰਮ੍ਰਿਤਧਾਰ॥		Saachee Baanee Meethee Anmrith Dhhaar ||	The True Word of His Bani is sweet, the source of ambrosial nectar.	ਉਹ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਮਿੱਠੀ ਬਾਣੀ ਦੀ ਰਾਹੀਂ ਨਾਮ-ਅੰਮ੍ਰਿਤ ਦੀ ਧਾਰ ਦਾ ਰਸ ਮਾਣਦੇ ਹਨ।
54742	1275	ਜਿਨਿ ਪੀਤੀ ਤਿਸੁ ਮੋਖ ਦੁਆਰ॥੫॥		Jin Peethee This Mokh Dhuaar ||5||	Whoever drinks it in, finds the Door of Salvation. ||5||	ਜਿਸ ਮਨੁੱਖ ਨੇ ਨਾਮ-ਅੰਮ੍ਰਿਤ ਦੀ ਧਾਰ ਪੀਤੀ ਹੈ ਉਸ ਨੂੰ ਮਾਇਆ ਦੇ ਮੋਹ ਤੋਂ ਖ਼ਲਾਸੀ ਹਾਸਲ ਕਰਨ ਵਾਲਾ ਦਰਵਾਜ਼ਾ ਲੱਭ ਪੈਂਦਾ ਹੈ ॥੫॥

54743	1275	ਨਾਮੁ ਭੈ ਭਾਇ ਰਿਦੈ ਵਸਾਹੀ ਗੁਰ ਕਰਣੀ ਸਚੁ ਬਾਣੀ॥		Naam Bhai Bhaae Ridhai Vasaahee Gur Karanee Sach Baanee ||	One who, through the love and fear of God, enshrines the Naam within his heart, acts according to the Guru's Instructions and knows the True Bani.	ਜੇਹੜੇ ਮਨੁੱਖ ਪਰਮਾਤਮਾ ਦੇ ਡਰ-ਅਦਬ ਵਿਚ ਤੇ ਪਿਆਰ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਂਦੇ ਹਨ, ਗੁਰੂ ਦੀ ਦੱਸੀ ਕਾਰ ਕਰਦੇ ਹਨ।
54744	1275	ਇੰਦੁ ਵਰਸੈ ਧਰਤਿ ਸੁਹਾਵੀ ਘਟਿ ਘਟਿ ਜੋਤਿ ਸਮਾਣੀ॥		Eindh Varasai Dhharath Suhaavee Ghatt Ghatt Joth Samaanee ||	When the clouds release their rain, the earth becomes beautiful; God's Light permeates each and every heart.	(ਭਾਵ) ਸਿਫਤਿ-ਸਾਲਾਹ ਦੀ ਬਾਣੀ ਰਾਹੀਂ ਸਦਾ-ਥਿਰ ਪ੍ਰਭੂ ਦਾ ਨਾਮ ਜਪਦੇ ਹਨ ਉਹਨਾਂ ਉਤੇ ਗੁਰੂ-ਬੱਦਲ (ਪ੍ਰਭੂ ਦੀ ਰਹਿਮਤ ਦੀ) ਵਰਖਾ ਕਰਦਾ ਹੈ ਜਿਸ ਕਰਕੇ ਉਹਨਾਂ ਦੇ ਹਿਰਦੇ ਦੀ ਧਰਤੀ ਸੁਹਾਵਣੀ ਬਣ ਜਾਂਦੀ ਹੈ, ਉਹਨਾਂ ਨੂੰ ਹਰੇਕ ਸਰੀਰ ਵਿਚ ਪਰਮਾਤਮਾ ਦੀ ਜੋਤਿ ਵਿਆਪਕ ਦਿੱਸਦੀ ਹੈ।
54745	1275	ਕਾਲਰਿ ਬੀਜਸਿ ਦੁਰਮਤਿ ਐਸੀ ਨਿਗੁਰੇ ਕੀ ਨੀਸਾਣੀ॥	ਦੁਰ-ਮੱਤਿ	Kaalar Beejas Dhuramath Aisee Nigurae Kee Neesaanee ||	The evil-minded ones plant their seed in the barren soil; such is the sign of those who have no Guru.	ਪਰ ਗੁਰੂ ਤੋਂ ਬੇ-ਮੁਖ ਦੀ ਨਿਸ਼ਾਨੀ ਇਹ ਹੈ ਕਿ ਉਹ ਭੈੜੀ ਮੱਤੇ ਲਗ ਕੇ (ਮਾਨੋ) ਕੱਲਰ ਵਿਚ ਬੀ ਬੀਜਦਾ ਰਹਿੰਦਾ ਹੈ।

54746	1275	ਸਤਿਗੁਰ ਬਾਝਹੁ ਘੋਰ ਅੰਧਾਰਾ ਡੂਬਿ ਮੁਏ ਬਿਨੁ ਪਾਣੀ॥੬॥		Sathigur Baajhahu Ghor Andhhaaraa Ddoob Mueae Bin Paanee ||6||	Without the True Guru, there is utter darkness; they drown there, even without water. ||6||	ਜੇਹੜੇ ਮਨੁੱਖ ਗੁਰੂ ਤੋਂ ਵਾਂਜੇ ਰਹਿੰਦੇ ਹਨ, ਉਹ ਅਗਿਆਨਤਾ ਦੇ ਘੁੱਪ ਹਨੇਰੇ ਵਿਚ (ਹੱਥ ਪੈਰ ਮਾਰਦੇ ਹਨ), ਨਾਮ-ਜਲ ਤੋਂ ਬਿਨਾ ਉਹ ਵਿਕਾਰਾਂ ਦੇ ਸਮੁੰਦਰ ਵਿਚ ਗੋਤੇ ਖਾਂਦੇ ਰਹਿੰਦੇ ਹਨ ॥੬॥
54747	1275	ਜੋ ਕਿਛੁ ਕੀਨੋ ਸੁ ਪ੍ਰਭੂ ਰਜਾਇ॥		Jo Kishh Keeno S Prabhoo Rajaae ||	Whatever God does, is by His Own Will.	ਜੋ ਭੀ ਖੇਡ ਰਚੀ ਹੈ ਪ੍ਰਭੂ ਨੇ ਆਪਣੀ ਰਜ਼ਾ ਵਿਚ ਰਚੀ ਹੋਈ ਹੈ।
54748	1275	ਜੋ ਧੁਰਿ ਲਿਖਿਆ ਸੁ ਮੇਟਣਾ ਨ ਜਾਇ॥		Jo Dhhur Likhiaa S Maettanaa N Jaae ||	That which is pre-ordained cannot be erased.	(ਜੀਵਾਂ ਦੇ ਕੀਤੇ ਕਰਮਾਂ ਅਨੁਸਾਰ) ਜੋ ਲੇਖ (ਉਹਨਾਂ ਦੇ ਮੱਥੇ ਤੇ) ਧੁਰੋਂ ਲਿਖਿਆ ਜਾਂਦਾ ਹੈ ਉਹ (ਕਿਸੇ ਪਾਸੋਂ) ਮਿਟਾਇਆ ਨਹੀਂ ਜਾ ਸਕਦਾ।
54749	1275	ਹੁਕਮੇ ਬਾਧਾ ਕਾਰ ਕਮਾਇ॥		Hukamae Baadhhaa Kaar Kamaae ||	Bound to the Hukam of the Lord's Command, the mortal does his deeds.	ਹਰੇਕ ਜੀਵ ਪ੍ਰਭੂ ਦੇ ਹੁਕਮ ਵਿਚ ਬੱਝਾ ਹੋਇਆ ਆਪਣੇ ਪੂਰਬਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਹੀ ਕਾਰ ਕਰਦਾ ਹੈ।
54750	1275	ਏਕ ਸਬਦਿ ਰਾਚੈ ਸਚਿ ਸਮਾਇ॥੭॥		Eaek Sabadh Raachai Sach Samaae ||7||	Permeated by the One Word of the Shabad, the mortal is immersed in Truth. ||7||	(ਇਹ ਪ੍ਰਭੂ ਦੀ ਮਿਹਰ ਹੈ ਕਿ ਕੋਈ ਵਡ-ਭਾਗੀ ਜੀਵ) ਇਕ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਜੁੜਦਾ ਹੈ, ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਨਾਮ ਵਿਚ ਲੀਨ ਰਹਿੰਦਾ ਹੈ ॥੭॥

54751	1275	ਚਹੁ ਦਿਸਿ ਹੁਕਮੁ ਵਰਤੈ ਪ੍ਰਭ ਤੇਰਾ ਚਹੁ ਦਿਸਿ ਨਾਮ ਪਤਾਲੰ॥		Chahu Dhis Hukam Varathai Prabh Thaeraa Chahu Dhis Naam Pathaalan ||	Your Command, O God, rules in the four directions; Your Name pervades the four corners of the nether regions as well.	ਹੇ ਪ੍ਰਭੂ! ਸਾਰੀ ਸ੍ਰਿਸ਼ਟੀ ਵਿਚ ਤੇਰਾ ਹੀ ਹੁਕਮ ਚੱਲ ਰਿਹਾ ਹੈ, ਸਾਰੀ ਸ੍ਰਿਸ਼ਟੀ ਵਿਚ ਨੀਵੇਂ ਤੋਂ ਨੀਵੇਂ ਥਾਵਾਂ ਵਿਚ ਭੀ ਤੇਰਾ ਹੀ ਨਾਮ ਵੱਜ ਰਿਹਾ ਹੈ।
54752	1275	ਸਭ ਮਹਿ ਸਬਦੁ ਵਰਤੈ ਪ੍ਰਭ ਸਾਚਾ ਕਰਮਿ ਮਿਲੈ ਬੈਆਲੰ॥	(ਸਬਦੁ) ਹੁਕਮ। (ਬੈਆਲੰ) ਅਵਿਨਾਸੀ ਘਰ	Sabh Mehi Sabadh Varathai Prabh Saachaa Karam Milai Baiaalan ||	The True Word of the Shabad is pervading amongst all. By His Grace, the Eternal One unites us with Himself.	ਸਭ ਜੀਵਾਂ ਵਿਚ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਹੀ ਜੀਵਨ-ਰੌ ਰੁਮਕ ਰਹੀ ਹੈ (ਜਿਸ ਕਿਸੇ ਨੂੰ ਮਿਲਦਾ ਹੈ) ਉਹ ਅਬਿਨਾਸ਼ੀ ਪ੍ਰਭੂ ਆਪਣੀ ਮਿਹਰ ਨਾਲ ਹੀ ਮਿਲਦਾ ਹੈ।
54753	1275	ਜਾਂਮਣੁ ਮਰਣਾ ਦੀਸੈ ਸਿਰਿ ਊਭੋ ਖੁਧਿਆ ਨਿਦ੍ਰਾ ਕਾਲੰ॥		Jaanman Maranaa Dheesai Sir Oobha Khudhhiaa Nidhraa Kaalan ||	Birth and death hang over the heads of all beings, along with hunger, sleep and dying.	(ਨਾਮ ਤੋਂ ਵਾਂਜੇ ਬੰਦਿਆਂ ਦੇ) ਸਿਰ ਉਤੇ ਜਨਮ ਮਰਨ ਦਾ ਗੇੜ ਖੜਾ ਦਿੱਸਦਾ ਹੈ, ਮਾਇਆ ਦੀ ਭੁੱਖ, ਮਾਇਆ ਦੇ ਮੋਹ ਦੀ ਨੀਂਦ ਤੇ ਆਤਮਕ ਮੌਤ ਖੜੇ ਦਿੱਸਦੇ ਹਨ।
54754	1275	ਨਾਨਕ ਨਾਮੁ ਮਿਲੈ ਮਨਿ ਭਾਵੈ ਸਾਚੀ ਨਦਰਿ ਰਸਾਲੰ॥੮॥੧॥੪॥		Naanak Naam Milai Man Bhaavai Saachee Nadhar Rasaalan ||8||1||4||	The Naam is pleasing to Nanak's mind; O True Lord, Source of bliss, please bless me with Your Grace. ||8||1||4||	ਹੇ ਨਾਨਕ! ਸਭ ਰਸਾਂ ਦੇ ਸੋਮੇ ਪ੍ਰਭੂ ਦੀ ਸਦਾ-ਥਿਰ ਮਿਹਰ ਦੀ ਨਿਗਾਹ ਜਿਸ ਬੰਦੇ ਉਤੇ ਪੈਂਦੀ ਹੈ ਉਸ ਨੂੰ ਪ੍ਰਭੂ ਦਾ ਨਾਮ ਪ੍ਰਾਪਤ ਹੋ ਜਾਂਦਾ ਹੈ ਉਸ ਦੇ ਮਨ ਵਿਚ ਪ੍ਰਭੂ ਪਿਆਰਾ ਲੱਗਣ ਲੱਗ ਪੈਂਦਾ ਹੈ ॥੮॥੧॥੪॥
54755	1275	ਮਲਾਰ ਮਹਲਾ ੧॥		Malaar Mehalaa 1 ||	Malaar, First Mehl:	

54756	1275	ਮਰਣ ਮੁਕਤਿ ਗਤਿ ਸਾਰ ਨ ਜਾਨੈ॥		Maran Mukath Gath Saar N Jaanai ||	You do not understand the nature of death and liberation.	ਅੰਞਾਣ ਜਿੰਦ ਉੱਚੀ ਆਤਮਕ ਅਵਸਥਾ ਦੀ ਕਦਰ ਨਹੀਂ ਸਮਝਦੀ, ਆਤਮਕ ਮੌਤ ਤੋਂ ਬਚਣ (ਦਾ ਉਪਾਉ) ਨਹੀਂ ਜਾਣਦੀ।
54757	1275	ਕੰਠੇ ਬੈਠੀ ਗੁਰ ਸਬਦਿ ਪਛਾਨੈ॥੧॥		Kanthae Baithee Gur Sabadh Pashhaanai ||1||	You are sitting on the river-bank; realize the Word of the Guru's Shabad. ||1||	ਗੁਰੂ ਦੇ ਸ਼ਬਦ ਦੀ ਰਾਹੀਂ ਸਮਝਣ ਦਾ ਜਤਨ ਤਾਂ ਕਰਦੀ ਹੈ ਪਰ (ਗੁਰ-ਸ਼ਬਦ ਤੋਂ) ਲਾਂਭੇ ਹੀ ਬੈਠੀ ਹੋਈ (ਗੁਰੂ ਦੇ ਸ਼ਬਦ ਵਿਚ ਜੁੜਦੀ ਨਹੀਂ, ਲੀਨ ਨਹੀਂ ਹੁੰਦੀ) ॥੧॥
54758	1275	ਤੂ ਕੈਸੇ ਆੜਿ ਫਾਥੀ ਜਾਲਿ॥		Thoo Kaisae Aarr Faathhee Jaal ||	You stork! - how were you caught in the net?	ਹੇ ਆੜਿ! (ਪੰਛੀ ਆੜਿ ਵਾਂਗ ਦੂਜਿਆਂ ਉਤੇ ਵਧੀਕੀ ਕਰਨ ਵਾਲੀ ਹੇ ਜਿੰਦੇ!) ਤੂੰ (ਮਾਇਆ ਦੇ ਮੋਹ ਦੇ) ਜਾਲ ਵਿਚ ਕਿਵੇਂ ਫਸ ਗਈ?
54759	1275	ਅਲਖੁ ਨ ਜਾਚਹਿ ਰਿਦੈ ਸਮ੍ਹਾਲਿ॥੧॥ਰਹਾਉ॥		Alakh N Jaachehi Ridhai Samhaal ||1|| Rehaao ||	You do not remember in your heart the Unseen Lord God. ||1||Pause||	ਤੂੰ ਆਪਣੇ ਹਿਰਦੇ ਵਿਚ ਅਦ੍ਰਿਸ਼ਟ ਪ੍ਰਭੂ ਦਾ ਨਾਮ ਸੰਭਾਲ ਕੇ ਉਸ ਪਾਸੋਂ (ਆਤਮਕ ਜੀਵਨ ਦੀ ਦਾਤਿ) ਕਿਉਂ ਨਹੀਂ ਮੰਗਦੀ? ॥੧॥ ਰਹਾਉ ॥
54760	1275	ਏਕ ਜੀਅ ਕੈ ਜੀਆ ਖਾਹੀ॥		Eaek Jeea Kai Jeeaa Khaahee ||	For your one life, you consume many lives.	ਹੇ ਆੜਿ! ਤੂੰ ਆਪਣੀ ਇਕ ਜਿੰਦ ਦੀ ਖ਼ਾਤਰ (ਪਾਣੀ ਵਿਚੋਂ ਚੁਗ ਚੁਗ ਕੇ) ਅਨੇਕਾਂ ਜੀਵ ਖਾਂਦੀ ਹੈਂ (ਹੇ ਜਿੰਦੇ! ਤੂੰ ਆਪਣੇ ਸਰੀਰ ਦੀ ਪਾਲਣਾ ਵਾਸਤੇ ਅਨੇਕਾਂ ਨਾਲ ਠੱਗੀ-ਠੋਰੀ ਕਰਦੀ ਹੈਂ)।

54761	1275	ਜਲਿ ਤਰਤੀ ਬੂਡੀ ਜਲ ਮਾਹੀ॥੨॥		Jal Tharathee Booddee Jal Maahee ||2||	You were supposed to swim in the water, but you are drowning in it instead. ||2||	ਤੂੰ (ਜਲ-ਜੰਤ ਫੜਨ ਵਾਸਤੇ) ਪਾਣੀ ਵਿਚ ਤਰਦੀ ਤਰਦੀ ਪਾਣੀ ਵਿਚ ਹੀ ਡੁੱਬ ਜਾਂਦੀ ਹੈਂ (ਹੇ ਜਿੰਦੇ! ਮਾਇਆ-ਜਾਲ ਵਿਚ ਦੌੜ-ਭੱਜ ਕਰਦੀ ਆਖ਼ਰ ਇਸੇ ਮਾਇਆ-ਜਾਲ ਵਿਚ ਹੀ ਆਤਮਕ ਮੌਤੇ ਮਰ ਜਾਂਦੀ ਹੈਂ) ॥੨॥
54762	1275	ਸਰਬ ਜੀਅ ਕੀਏ ਪ੍ਰਤਪਾਨੀ॥	(ਪ੍ਰਤਪਾਨੀ) ਅਧੀਨ	Sarab Jeea Keeeae Prathapaanee ||	You have tormented all beings.	(ਆਪਣੇ ਸੁਆਰਥ ਦੀ ਖ਼ਾਤਰ) ਤੂੰ ਸਾਰੇ ਜੀਵਾਂ ਨੂੰ ਬਹੁਤ ਦੁਖੀ ਕੀਤਾ ਹੋਇਆ ਹੈ,
54763	1275	ਜਬ ਪਕੜੀ ਤਬ ਹੀ ਪਛੁਤਾਨੀ॥੩॥		Jab Pakarree Thab Hee Pashhuthaanee ||3||	When Death seizes you, then you shall regret and repent. ||3||	ਜਦੋਂ ਤੂੰ (ਮੌਤ ਦੇ ਜਾਲ ਵਿਚ) ਫੜੀ ਜਾਂਦੀ ਹੈਂ ਤਦੋਂ ਪਛੁਤਾਂਦੀ ਹੈਂ ॥੩॥
54764	1275	ਜਬ ਗਲਿ ਫਾਸ ਪੜੀ ਅਤਿ ਭਾਰੀ॥	ਪੜੀ: ੜ ਹਲੰਤ ਨ ਲਾਉ	Jab Gal Faas Parree Ath Bhaaree ||	When the heavy noose is placed around your neck,	ਜਦੋਂ ਆੜਿ ਦੇ ਗਲ ਵਿਚ (ਕਿਸੇ ਸ਼ਿਕਾਰੀ ਦੀ) ਬਹੁਤ ਭਾਰੀ ਫਾਹੀ ਪੈਂਦੀ ਹੈ,
54765	1275	ਊਡਿ ਨ ਸਾਕੈ ਪੰਖ ਪਸਾਰੀ॥੪॥		Oodd N Saakai Pankh Pasaaree ||4||	You may spread your wings, but you shall not be able to fly. ||4||	ਤਾਂ ਉਹ ਖੰਭ ਖਿਲਾਰ ਕੇ ਉੱਡ ਨਹੀਂ ਸਕਦੀ (ਜਦੋਂ ਜਿੰਦ ਮਾਇਆ ਦੇ ਮੋਹ ਦੇ ਜਾਲ ਵਿਚ ਫਸ ਜਾਂਦੀ ਹੈ ਤਾਂ ਇਹ ਆਤਮਕ ਉਡਾਰੀ ਲਾਣ ਜੋਗੀ ਨਹੀਂ ਰਹਿੰਦੀ, ਇਸ ਦੀ ਸੁਰਤੀ ਉੱਚੀ ਹੋ ਕੇ ਪ੍ਰਭੂ-ਚਰਨਾਂ ਵਿਚ ਪਹੁੰਚ ਨਹੀਂ ਸਕਦੀ) ॥੪॥

54766	1275	ਰਸਿ ਚੂਗਹਿ ਮਨਮੁਖਿ ਗਾਵਾਰਿ॥		Ras Choogehi Manamukh Gaavaar ||	You enjoy the tastes and flavors, you foolish self-willed manmukh.	ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਹੇ ਅਮੋੜ ਜਿੰਦੇ! ਤੂੰ ਬੜੀ ਮੌਜ ਨਾਲ (ਮਾਇਆ ਦਾ ਚੋਗਾ) ਚੁਗਦੀ ਹੈਂ (ਤੇ ਮਾਇਆ ਦੇ ਜਾਲ ਵਿਚ ਫਸਦੀ ਜਾਂਦੀ ਹੈਂ)।
54767	1275	ਫਾਥੀ ਛੂਟਹਿ ਗੁਣ ਗਿਆਨ ਬੀਚਾਰਿ॥੫॥		Faathhee Shhoottehi Gun Giaan Beechaar ||5||	You are trapped. You can only be saved by virtuous conduct, spiritual wisdom and contemplation. ||5||	ਪਰਮਾਤਮਾ ਦੀ ਸਿਫ਼ਤ-ਸਾਲਾਹ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾ, ਪ੍ਰਭੂ ਨਾਲ ਡੂੰਘੀ ਸਾਂਝ ਪਾ, ਤਦੋਂ ਹੀ ਤੂੰ (ਮਾਇਆ ਦੇ ਮੋਹ ਦੇ ਜਾਲ ਤੇ ਆਤਮਕ ਮੌਤ ਤੋਂ) ਬਚ ਸਕੇਂਗੀ ॥੫॥
54768	1275	ਸਤਿਗੁਰੁ ਸੇਵਿ ਤੂਟੈ ਜਮਕਾਲੁ॥		Sathigur Saev Thoottai Jamakaal ||	Serving the True Guru, you will shatter the Messenger of Death.	(ਹੇ ਜਿੰਦੇ!) ਸਤਿਗੁਰ ਦੀ ਸਰਨ ਪਉ, ਤਦੋਂ ਹੀ ਆਤਮਕ ਮੌਤ ਵਾਲਾ ਜਾਲ ਟੁੱਟ ਸਕੇਗਾ।
54769	1275	ਹਿਰਦੈ ਸਾਚਾ ਸਬਦੁ ਸਮ੍ਾਲੁ॥੬॥		Hiradhai Saachaa Sabadh Samhaal ||6||	In your heart, dwell on the True Word of the Shabad. ||6||	(ਛੁਟਕਾਰੇ ਵਾਸਤੇ) ਆਪਣੇ ਹਿਰਦੇ ਵਿਚ ਪ੍ਰਭੂ ਦੀ ਸਿਫ਼ਤ-ਸਾਲਾਹ ਵਾਲਾ ਗੁਰ-ਸ਼ਬਦ ਸੰਭਾਲ ॥੬॥
54770	1275	ਗੁਰਮਤਿ ਸਾਚੀ ਸਬਦੁ ਹੈ ਸਾਰੁ॥		Guramath Saachee Sabadh Hai Saar ||	The Guru's Teachings, the True Word of the Shabad, is excellent and sublime.	(ਹੇ ਜਿੰਦੇ!) ਗੁਰੂ ਦੀ ਮੱਤ ਹੀ ਸਦਾ ਕਾਇਮ ਰਹਿਣ ਵਾਲੀ ਮੱਤ ਹੈ, ਗੁਰੂ ਦਾ ਸ਼ਬਦ ਹੀ ਸ੍ਰੇਸ਼ਟ ਪਦਾਰਥ ਹੈ।

54771	1275	ਹਰਿ ਕਾ ਨਾਮੁ ਰਖੈ ਉਰਿ ਧਾਰਿ॥੭॥		Har Kaa Naam Rakhai Our Dhhaar ||7||	Keep the Name of the Lord enshrined in your heart. ||7||	(ਇਸ ਸ਼ਬਦ ਦਾ ਆਸਰਾ ਲੈ ਕੇ ਹੀ ਜੀਵ) ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਸਾਂਭ ਕੇ ਰੱਖ ਸਕਦਾ ਹੈ ॥੭॥
54772	1275	ਸੇ ਦੁਖ ਆਗੈ ਜਿ ਭੋਗ ਬਿਲਾਸੇ॥		Sae Dhukh Aagai J Bhog Bilaasae ||	One who is obsessed with enjoying pleasures here, shall suffer in pain hereafter.	ਦੁਨੀਆ ਦੇ ਪਦਾਰਥਾਂ ਦੇ ਜੇਹੜੇ ਭੋਗ-ਬਿਲਾਸ ਕਰੀਦੇ ਹਨ (ਬੜੇ ਚਾਉ ਨਾਲ ਮਾਣੀਦੇ ਹਨ) ਉਹ ਜੀਵਨ-ਸਫ਼ਰ ਵਿਚ ਦੁੱਖ ਬਣ ਬਣ ਕੇ ਆ ਵਾਪਰਦੇ ਹਨ।
54773	1275	ਨਾਨਕ ਮੁਕਤਿ ਨਹੀ ਬਿਨੁ ਨਾਵੈ ਸਾਚੇ॥੮॥੨॥੫॥		Naanak Mukath Nehee Bin Naavai Saachae ||8||2||5||	O Nanak, there is no liberation without the True Name. ||8||2||5||	ਹੇ ਨਾਨਕ! (ਇਹਨਾਂ ਦੁੱਖਾਂ ਤੋਂ) ਪਰਮਾਤਮਾ ਦੇ ਨਾਮ ਤੋਂ ਬਿਨਾ ਖ਼ਲਾਸੀ ਨਹੀਂ ਹੋ ਸਕਦੀ ॥੮॥੨॥੫॥
54774	1276	ਮਲਾਰ ਮਹਲਾ ੩ ਅਸਟਪਦੀਆ ਘਰੁ ੧॥	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Malaar Mehalaa 3 Asattapadheeaa Ghar 1 ||	Malaar, Third Mehl, Ashtapadees, First House:	ਰਾਗ ਮਲਾਰ, ਘਰ ੧ ਵਿੱਚ ਗੁਰੂ ਅਮਰਦਾਸ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
54775	1276	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

54776	1276	ਕਰਮੁ ਹੋਵੈ ਤਾ ਸਤਿਗੁਰੁ ਪਾਈਐ ਵਿਣੁ ਕਰਮੈ ਪਾਇਆ ਨ ਜਾਇ॥		Karam Hovai Thaa Sathigur Paaeeai Vin Karamai Paaeiaa N Jaae ||	If it is in his karma, then he finds the True Guru; without such karma, He cannot be found.	ਜਦੋਂ ਪਰਮਾਤਮਾ ਦੀ ਮਿਹਰ ਹੁੰਦੀ ਹੈ ਤਦੋਂ ਗੁਰੂ ਮਿਲਦਾ ਹੈ, ਪਰਮਾਤਮਾ ਦੀ ਮਿਹਰ ਤੋਂ ਬਿਨਾ ਗੁਰੂ ਨਹੀਂ ਮਿਲ ਸਕਦਾ।
54777	1276	ਸਤਿਗੁਰੁ ਮਿਲਿਐ ਕੰਚਨੁ ਹੋਈਐ ਜਾਂ ਹਰਿ ਕੀ ਹੋਇ ਰਜਾਇ॥੧॥		Sathigur Miliai Kanchan Hoeeai Jaan Har Kee Hoe Rajaae ||1||	He meets the True Guru, and he is transformed into gold, if it is the Lord's Will. ||1||	ਜੇ ਗੁਰੂ ਮਿਲ ਪਏ ਤਾਂ ਮਨੁੱਖ (ਸ਼ੁੱਧ) ਸੋਨਾ ਬਣ ਜਾਂਦਾ ਹੈ। (ਪਰ ਇਹ ਤਦੋਂ ਹੀ ਹੁੰਦਾ ਹੈ) ਜਦੋਂ ਪਰਮਾਤਮਾ ਦੀ ਰਜ਼ਾ ਹੋਵੇ ॥੧॥
54778	1276	ਮਨ ਮੇਰੇ ਹਰਿ ਹਰਿ ਨਾਮਿ ਚਿਤੁ ਲਾਇ॥		Man Maerae Har Har Naam Chith Laae ||	O my mind, focus your consciousness on the Name of the Lord, Har, Har.	ਹੇ ਮੇਰੇ ਮਨ! ਸਦਾ ਪਰਮਾਤਮਾ ਦੇ ਨਾਮ ਵਿਚ ਸੁਰਤ ਜੋੜੀ ਰੱਖ।
54779	1276	ਸਤਿਗੁਰ ਤੇ ਹਰਿ ਪਾਈਐ ਸਾਚਾ ਹਰਿ ਸਿਉ ਰਹੈ ਸਮਾਇ॥੧॥ਰਹਾਉ॥		Sathigur Thae Har Paaeeai Saachaa Har Sio Rehai Samaae ||1|| Rehaao ||	The Lord is found through the True Guru, and then he remains merged with the True Lord. ||1||Pause||	ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਗੁਰੂ ਦੀ ਰਾਹੀਂ ਮਿਲਦਾ ਹੈ, (ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਉਹ ਮਨੁੱਖ) ਪਰਮਾਤਮਾ ਵਿਚ ਲੀਨ ਰਹਿੰਦਾ ਹੈ ॥੧॥ ਰਹਾਉ ॥

54780	1276	ਸਤਿਗੁਰ ਤੇ ਗਿਆਨੁ ਊਪਜੈ ਤਾਂ ਇਹ ਸੰਸਾ ਜਾਇ॥		Sathigur Thae Giaan Oopajai Thaan Eih Sansaa Jaae ||	Spiritual wisdom wells up through the True Guru, and then this cynicism is dispelled.	ਜਦੋਂ ਗੁਰੂ ਦੀ ਰਾਹੀਂ (ਮਨੁੱਖ ਦੇ ਅੰਦਰ) ਆਤਮਕ ਜੀਵਨ ਦੀ ਸੂਝ ਪੈਦਾ ਹੁੰਦੀ ਹੈ, ਤਦੋਂ ਮਨੁੱਖ ਦੇ ਮਨ ਦੀ ਭਟਕਣਾ ਦੂਰ ਹੋ ਜਾਂਦੀ ਹੈ।
54781	1276	ਸਤਿਗੁਰ ਤੇ ਹਰਿ ਬੁਝੀਐ ਗਰਭ ਜੋਨੀ ਨਹ ਪਾਇ॥੨॥		Sathigur Thae Har Bujheeai Garabh Jonee Neh Paae ||2||	Through the True Guru, the Lord is realized, and then, he is not consigned to the womb of reincarnation ever again. ||2||	ਗੁਰੂ ਦੀ ਰਾਹੀਂ ਪਰਮਾਤਮਾ ਨਾਲ ਸਾਂਝ ਬਣਦੀ ਹੈ, ਤੇ, ਮਨੁੱਖ ਜੰਮਣ ਮਰਨ ਦੇ ਗੇੜ ਵਿਚ ਨਹੀਂ ਪੈਂਦਾ ॥੨॥
54782	1276	ਗੁਰ ਪਰਸਾਦੀ ਜੀਵਤ ਮਰੈ ਮਰਿ ਜੀਵੈ ਸਬਦੁ ਕਮਾਇ॥		Gur Parasaadhee Jeevath Marai Mar Jeevai Sabadh Kamaae ||	By Guru's Grace, the mortal dies in life, and by so dying, lives to practice the Word of the Shabad.	ਗੁਰੂ ਦੀ ਕਿਰਪਾ ਨਾਲ ਮਨੁੱਖ ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ ਮਾਇਆ ਦੇ ਮੋਹ ਤੋਂ ਬਚਿਆ ਰਹਿੰਦਾ ਹੈ। ਗੁਰੂ ਦੇ ਸ਼ਬਦ ਅਨੁਸਾਰ ਆਪਣਾ ਜੀਵਨ ਬਣਾ ਕੇ ਮਨੁੱਖ ਵਿਕਾਰਾਂ ਵਲੋਂ ਹਟ ਕੇ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ।
54783	1276	ਮੁਕਤਿ ਦੁਆਰਾ ਸੋਈ ਪਾਏ ਜਿ ਵਿਚਹੁ ਆਪੁ ਗਵਾਇ॥੩॥		Mukath Dhuaaraa Soee Paaeae J Vichahu Aap Gavaae ||3||	He alone finds the Door of Salvation, who eradicates self-conceit from within himself. ||3||	ਉਹੀ ਮਨੁੱਖ ਵਿਕਾਰਾਂ ਵਲੋਂ ਖ਼ਲਾਸੀ ਦਾ ਰਸਤਾ ਲੱਭ ਸਕਦਾ ਹੈ, ਜਿਹੜਾ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰਦਾ ਹੈ ॥੩॥

54784	1276	ਗੁਰ ਪਰਸਾਦੀ ਸਿਵ ਘਰਿ ਜੰਮੈ ਵਿਚਹੁ ਸਕਤਿ ਗਵਾਇ॥		Gur Parasaadhee Siv Ghar Janmai Vichahu Sakath Gavaae ||	By Guru's Grace, the mortal is reincarnated into the Home of the Lord, having eradicated Maya from within.	ਗੁਰੂ ਦੀ ਕਿਰਪਾ ਨਾਲ ਮਨੁੱਖ ਆਪਣੇ ਅੰਦਰੋਂ ਮਾਇਆ ਦਾ ਪ੍ਰਭਾਵ ਦੂਰ ਕਰ ਕੇ ਪਰਮਾਤਮਾ ਦੇ ਘਰ ਵਿਚ ਜੰਮ ਪੈਂਦਾ ਹੈ (ਪਰਮਾਤਮਾ ਦੀ ਯਾਦ ਵਿਚ ਜੁੜਿਆ ਰਹਿ ਕੇ ਨਵਾਂ ਆਤਮਕ ਜੀਵਨ ਬਣਾ ਲੈਂਦਾ ਹੈ)।
54785	1276	ਅਚਰੁ ਚਰੈ ਬਿਬੇਕ ਬੁਧਿ ਪਾਏ ਪੁਰਖੈ ਪੁਰਖੁ ਮਿਲਾਇ॥੪॥	ਅ-ਚਰੁ	Achar Charai Bibaek Budhh Paaeae Purakhai Purakh Milaae ||4||	He eats the uneatable, and is blessed with a discriminating intellect; he meets the Supreme Person, the Primal Lord God. ||4||	(ਗੁਰੂ ਦੀ ਰਾਹੀਂ) ਮਨੁੱਖ ਇਸ ਅਮੋੜ ਮਨ ਨੂੰ ਵੱਸ ਵਿਚ ਲੈ ਆਉਂਦਾ ਹੈ, ਚੰਗੇ ਮੰਦੇ ਕੰਮ ਦੀ ਪਰਖ ਦੀ ਸੂਝ ਹਾਸਲ ਕਰ ਲੈਂਦਾ ਹੈ, ਤੇ, ਇਸ ਤਰ੍ਹਾਂ ਗੁਰੂ-ਪੁਰਖ ਦੀ ਰਾਹੀਂ ਮਨੁੱਖ ਅਕਾਲ ਪੁਰਖ ਨੂੰ ਮਿਲ ਪੈਂਦਾ ਹੈ ॥੪॥
54786	1276	ਧਾਤੁਰਬਾਜੀ ਸੰਸਾਰੁ ਅਚੇਤੁ ਹੈ ਚਲੈ ਮੂਲੁ ਗਵਾਇ॥	(ਧਾਤੁਰ) ਮਾਇਆ। ਚੱਲੈ	Dhhaathur Baajee Sansaar Achaeth Hai Chalai Mool Gavaae ||	The world is unconscious, like a passing show; the mortal departs, having lost his capital.	ਇਹ ਜਗਤ ਨਾਸਵੰਤ ਖੇਡ (ਹੀ) ਹੈ। (ਉਹ ਮਨੁੱਖ) ਮੂਰਖ ਹੈ (ਜਿਹੜਾ ਇਸ ਨਾਸਵੰਤ ਖੇਡ ਦੀ ਖ਼ਾਤਰ ਆਪਣੇ ਆਤਮਕ ਜੀਵਨ ਦਾ ਸਾਰਾ) ਸਰਮਾਇਆ ਗਵਾ ਕੇ (ਇਥੋਂ) ਤੁਰਦਾ ਹੈ।
54787	1276	ਲਾਹਾ ਹਰਿ ਸਤਸੰਗਤਿ ਪਾਈਐ ਕਰਮੀ ਪਲੈ ਪਾਇ॥੫॥		Laahaa Har Sathasangath Paaeeai Karamee Palai Paae ||5||	The profit of the Lord is obtained in the Sat Sangat, the True Congregation; by good karma, it is found. ||5||	ਨਫ਼ਾ ਪਰਮਾਤਮਾ (ਦਾ ਨਾਮ ਹੈ, ਇਹ ਨਫ਼ਾ) ਸਾਧ ਸੰਗਤ ਵਿਚ ਮਿਲਦਾ ਹੈ, (ਪਰ ਪਰਮਾਤਮਾ ਦੀ) ਮਿਹਰ ਨਾਲ ਹੀ (ਮਨੁੱਖ ਇਹ ਨਫ਼ਾ) ਹਾਸਲ ਕਰਦਾ ਹੈ ॥੫॥

54788	1276	ਸਤਿਗੁਰ ਵਿਣੁ ਕਿਨੈ ਨ ਪਾਇਆ ਮਨਿ ਵੇਖਹੁ ਰਿਦੈ ਬੀਚਾਰਿ॥		Sathigur Vin Kinai N Paaeiaa Man Vaekhahu Ridhai Beechaar ||	Without the True Guru, no one finds it; see this in your mind, and consider this in your heart.	ਆਪਣੇ ਮਨ ਵਿਚ ਹਿਰਦੇ ਵਿਚ ਵਿਚਾਰ ਕੇ ਵੇਖ ਲਵੋ, ਕਿਸੇ ਭੀ ਮਨੁੱਖ ਨੇ (ਇਹ ਹਰਿ-ਨਾਮ-ਲਾਭ) ਗੁਰੂ (ਦੀ ਸਰਨ) ਤੋਂ ਬਿਨਾ ਹਾਸਲ ਨਹੀਂ ਕੀਤਾ।
54789	1276	ਵਡਭਾਗੀ ਗੁਰੁ ਪਾਇਆ ਭਵਜਲੁ ਉਤਰੇ ਪਾਰਿ॥੬॥		Vaddabhaagee Gur Paaeiaa Bhavajal Outharae Paar ||6||	By great good fortune, the mortal finds the Guru, and crosses over the terrifying world-ocean. ||6||	(ਜਿਨ੍ਹਾਂ ਮਨੁੱਖਾਂ ਨੇ) ਵੱਡੇ ਭਾਗਾਂ ਨਾਲ ਗੁਰੂ ਲੱਭ ਲਿਆ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ ॥੬॥
54790	1276	ਹਰਿ ਨਾਮਾਂ ਹਰਿ ਟੇਕ ਹੈ ਹਰਿ ਹਰਿ ਨਾਮੁ ਅਧਾਰੁ॥		Har Naamaan Har Ttaek Hai Har Har Naam Adhhaar ||	The Name of the Lord is my Anchor and Support. I take only the Support of the Name of the Lord, Har, Har.	(ਮੇਰੇ ਵਾਸਤੇ ਤਾਂ) ਹਰੀ ਪਰਮਾਤਮਾ ਦਾ ਨਾਮ (ਹੀ) ਸਹਾਰਾ ਹੈ, ਹਰੀ ਦਾ ਨਾਮ ਹੀ ਆਸਰਾ ਹੈ।
54791	1276	ਕ੍ਰਿਪਾ ਕਰਹੁ ਗੁਰੁ ਮੇਲਹੁ ਹਰਿ ਜੀਉ ਪਾਵਉ ਮੋਖ ਦੁਆਰੁ॥੭॥		Kirapaa Karahu Gur Maelahu Har Jeeo Paavo Mokh Dhuaar ||7||	O Dear Lord, please be kind and lead me to meet the Guru, that I may find the Door of Salvation. ||7||	ਹੇ ਪ੍ਰਭੂ ਜੀ! ਮਿਹਰ ਕਰੋ, (ਮੈਨੂੰ) ਗੁਰੂ ਮਿਲਾਓ, ਮੈਂ (ਗੁਰੂ ਦੀ ਰਾਹੀਂ ਮਾਇਆ ਦੇ ਮੋਹ ਤੋਂ ਖ਼ਲਾਸੀ ਦਾ) ਰਸਤਾ ਲੱਭ ਸਕਾਂ ॥੭॥

54792	1276	ਮਸਤਕਿ ਲਿਲਾਟਿ ਲਿਖਿਆ ਧੁਰਿ ਠਾਕੁਰਿ ਮੇਟਣਾ ਨ ਜਾਇ॥		Masathak Lilaatt Likhiaa Dhhur Thaakur Maettanaa N Jaae ||	The pre-ordained destiny inscribed on the mortal's forehead by our Lord and Master cannot be erased.	(ਜਿਨ੍ਹਾਂ ਮਨੁੱਖਾਂ ਦੇ) ਮੱਥੇ ਉੱਤੇ ਧੁਰ ਦਰਗਾਹ ਤੋਂ ਮਾਲਕ-ਪ੍ਰਭੂ ਨੇ (ਗੁਰੂ-ਮਿਲਾਪ ਦਾ ਲੇਖ) ਲਿਖ ਦਿੱਤਾ, (ਉਹ ਲੇਖ ਕਿਸੇ ਪਾਸੋਂ) ਮਿਟਾਇਆ ਨਹੀਂ ਜਾ ਸਕਦਾ।
54793	1276	ਨਾਨਕ ਸੇ ਜਨ ਪੂਰਨ ਹੋਏ ਜਿਨ ਹਰਿ ਭਾਣਾ ਭਾਇ॥੮॥੧॥		Naanak Sae Jan Pooran Hoeae Jin Har Bhaanaa Bhaae ||8||1||	O Nanak, those humble beings are perfect, who are pleased by the Lord's Will. ||8||1||	ਹੇ ਨਾਨਕ! (ਗੁਰੂ-ਸਰਨ ਦੀ ਬਰਕਤਿ ਨਾਲ) ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਦੀ ਰਜ਼ਾ ਪਿਆਰੀ ਲੱਗਣ ਲੱਗ ਪਈ, ਉਹ ਮਨੁੱਖ ਮੁਕੰਮਲ (ਆਤਮਕ ਜੀਵਨ ਵਾਲੇ) ਬਣ ਗਏ ॥੮॥੧॥
54794	1276	ਮਲਾਰ ਮਹਲਾ ੩॥		Malaar Mehalaa 3 ||	Malaar, Third Mehl:	
54795	1276	ਬੇਦ ਬਾਣੀ ਜਗੁ ਵਰਤਦਾ ਤ੍ਰੈ ਗੁਣ ਕਰੇ ਬੀਚਾਰੁ॥		Baedh Baanee Jag Varathadhaa Thrai Gun Karae Beechaar ||	The world is involved with the words of the Vedas, thinking about the three gunas - the three dispositions.	ਜਗਤ (ਕਰਮ ਕਾਂਡ ਵਿਚ ਹੀ ਰੱਖਣ ਵਾਲੀ ਸ਼ਾਸਤ੍ਰਾਂ) ਵੇਦਾਂ ਦੀ ਬਾਣੀ ਵਿਚ ਪਰਚਿਆ ਰਹਿੰਦਾ ਹੈ, ਮਾਇਆ ਦੇ ਤਿੰਨਾਂ ਗੁਣਾਂ ਦੀ (ਹੀ) ਵਿਚਾਰ ਕਰਦਾ ਰਹਿੰਦਾ ਹੈ (ਪ੍ਰਭੂ ਦਾ ਨਾਮ ਨਹੀਂ ਸਿਮਰਦਾ)।
54796	1276	ਬਿਨੁ ਨਾਵੈ ਜਮ ਡੰਡੁ ਸਹੈ ਮਰਿ ਜਨਮੈ ਵਾਰੋ ਵਾਰ॥		Bin Naavai Jam Ddandd Sehai Mar Janamai Vaaro Vaar ||	Without the Name, it suffers punishment by the Messenger of Death; it comes and goes in reincarnation, over and over again.	ਪਰਮਾਤਮਾ ਦੇ ਨਾਮ ਤੋਂ ਬਿਨਾ (ਜਗਤ) ਜਮਦੂਤਾਂ ਦੀ ਸਜ਼ਾ ਸਹਾਰਦਾ ਹੈ, ਮੁੜ ਮੁੜ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ।

54797	1276	ਸਤਿਗੁਰ ਭੇਟੇ ਮੁਕਤਿ ਹੋਇ ਪਾਏ ਮੋਖ ਦੁਆਰੁ॥੧॥		Sathigur Bhaettae Mukath Hoe Paaeae Mokh Dhuaar ||1||	Meeting with the True Guru, the world is liberated, and finds the Door of Salvation. ||1||	(ਜਿਹੜਾ ਮਨੁੱਖ) ਗੁਰੂ ਨੂੰ ਮਿਲ ਪੈਂਦਾ ਹੈ, ਉਸ ਨੂੰ ਮਾਇਆ ਦੇ ਮੋਹ ਤੋਂ ਖ਼ਲਾਸੀ ਮਿਲ ਜਾਂਦੀ ਹੈ ਉਹ ਮਨੁੱਖ ਮਾਇਆ ਦੇ ਮੋਹ ਤੋਂ ਖ਼ਲਾਸੀ ਦਾ ਰਾਹ ਲੱਭ ਲੈਂਦਾ ਹੈ ॥੧॥
54798	1276	ਮਨ ਰੇ ਸਤਿਗੁਰੁ ਸੇਵਿ ਸਮਾਇ॥		Man Rae Sathigur Saev Samaae ||	O mortal, immerse yourself in service to the True Guru.	ਹੇ (ਮੇਰੇ) ਮਨ! ਗੁਰੂ ਦੀ ਸਰਨ ਪੈ ਕੇ (ਪਰਮਾਤਮਾ ਦੇ ਨਾਮ ਵਿਚ) ਲੀਨ ਹੋਇਆ ਰਹੁ।
54799	1276	ਵਡੈਭਾਗਿ ਗੁਰੁ ਪੂਰਾ ਪਾਇਆ ਹਰਿ ਹਰਿ ਨਾਮੁ ਧਿਆਇ॥੧॥ਰਹਾਉ ॥		Vaddai Bhaag Gur Pooraa Paaeiaa Har Har Naam Dhhiaae ||1|| Rehaao ||	By great good fortune, the mortal finds the Perfect Guru, and meditates on the Name of the Lord, Har, Har. ||1||Pause||	(ਜਿਸ ਮਨੁੱਖ ਨੇ) ਵੱਡੀ ਕਿਸਮਤ ਨਾਲ ਪੂਰਾ ਗੁਰੂ ਲੱਭ ਲਿਆ, ਉਹ ਸਦਾ ਹਰੀ ਦਾ ਨਾਮ ਧਿਆਉਂਦਾ ਰਹਿੰਦਾ ਹੈ ॥੧॥ ਰਹਾਉ ॥
54800	1276	ਹਰਿ ਆਪਣੈ ਭਾਣੈ ਸ੍ਰਿਸਟਿ ਉਪਾਈ ਹਰਿ ਆਪੇ ਦੇਇ ਅਧਾਰੁ॥		Har Aapanai Bhaanai Srisatt Oupaaee Har Aapae Dhaee Adhhaar ||	The Lord, by the Pleasure of His Own Will, created the Universe, and the Lord Himself gives it sustenance and support.	ਪਰਮਾਤਮਾ ਨੇ ਆਪਣੀ ਰਜ਼ਾ ਵਿਚ ਇਹ ਜਗਤ ਪੈਦਾ ਕੀਤਾ ਹੈ, ਪਰਮਾਤਮਾ ਆਪ ਹੀ (ਜੀਵਾਂ ਨੂੰ) ਆਸਰਾ ਦੇਂਦਾ ਹੈ।

54801	1276	ਹਰਿ ਆਪਨੈ ਭਾਨੈ ਮਨੁ ਨਿਰਮਲੁ ਕੀਆ ਹਰਿ ਸਿਉ ਲਾਗਾ ਪਿਆਰੁ॥		Har Aapanai Bhaanai Man Niramal Keeaa Har Sio Laagaa Piaar ||	The Lord, by His Own Will, makes the mortal's mind immaculate, and lovingly attunes him to the Lord.	(ਜਿਸ ਮਨੁੱਖ ਦਾ) ਮਨ ਪਰਮਾਤਮਾ ਨੇ ਆਪਣੀ ਰਜ਼ਾ ਵਿਚ (ਗੁਰੂ ਦੀ ਰਾਹੀਂ) ਪਵਿੱਤਰ ਕਰ ਦਿੱਤਾ ਹੈ, ਉਸ ਮਨੁੱਖ ਦਾ ਪਿਆਰ ਪ੍ਰਭੂ ਚਰਨਾਂ ਨਾਲ ਬਣ ਗਿਆ।
54802	1276	ਹਰਿ ਕੈ ਭਾਨੈ ਸਤਿਗੁਰੁ ਭੇਟਿਆ ਸਭੁ ਜਨਮੁ ਸਵਾਰਣਹਾਰੁ॥੨॥		Har Kai Bhaanai Sathigur Bhaettiaa Sabh Janam Savaaranehaar ||2||	The Lord, by His Own Will, leads the mortal to meet the True Guru, the Embellisher of all his lives. ||2||	ਸਾਰੇ ਮਨੁੱਖਾ ਜੀਵਨ ਨੂੰ ਚੰਗਾ ਬਣਾ ਸਕਣ ਵਾਲਾ ਗੁਰੂ (ਉਸ ਮਨੁੱਖ ਨੂੰ) ਪਰਮਾਤਮਾ ਦੀ ਰਜ਼ਾ ਅਨੁਸਾਰ ਮਿਲ ਪਿਆ ॥੨॥
54803	1276	ਵਾਹੁ ਵਾਹੁ ਬਾਣੀ ਸਤਿ ਹੈ ਗੁਰਮੁਖਿ ਬੂਝੈ ਕੋਇ॥		Vaahu Vaahu Baanee Sath Hai Guramukh Boojhai Koe ||	Waaho! Waaho! Blessed and Great is the True Word of His Bani. Only a few, as Gurmukh, understand.	ਗੁਰੂ ਦੀ ਸਰਨ ਪੈ ਕੇ (ਹੀ) ਕੋਈ ਵਿਰਲਾ ਮਨੁੱਖ (ਇਹ) ਸਮਝਦਾ ਹੈ (ਕਿ) ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਹੀ ਸਦਾ ਕਾਇਮ ਰਹਿਣ ਵਾਲੀ ਹੈ।
54804	1276	ਵਾਹੁ ਵਾਹੁ ਕਰਿ ਪ੍ਰਭੁ ਸਾਲਾਹੀਐ ਤਿਸੁ ਜੇਵਡੁ ਅਵਰੁ ਨ ਕੋਇ॥		Vaahu Vaahu Kar Prabh Saalaaheeai This Jaevadd Avar N Koe ||	Waaho! Waaho! Praise God as Great! No one else is as Great as He.	(ਪ੍ਰਭੂ) 'ਅਸਚਰਜ ਹੈ ਅਸਚਰਜ ਹੈ'-ਇਹ ਆਖ ਆਖ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਰਹਿਣਾ ਚਾਹੀਦਾ ਹੈ, (ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ।

54805	1276	ਆਪੇ ਬਖਸੇ ਮੇਲਿ ਲਏ ਕਰਮਿ ਪਰਾਪਤਿ ਹੋਇ॥੩॥		Aapae Bakhasae Mael Leae Karam Paraapath Hoe ||3||	When God's Grace is received, He Himself forgives the mortal, and unites him with Himself. ||3||	ਪ੍ਰਭੂ ਆਪ ਹੀ ਜਿਸ ਮਨੁੱਖ ਉਤੇ) ਬਖ਼ਸ਼ਸ਼ ਕਰਦਾ ਹੈ (ਉਸ ਨੂੰ ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈ। (ਉਸ ਦੀ) ਮਿਹਰ ਨਾਲ (ਹੀ ਉਸ ਦਾ) ਮਿਲਾਪ ਹੁੰਦਾ ਹੈ ॥੩॥
54806	1276	ਸਾਚਾ ਸਾਹਿਬੁ ਮਾਹਰੋ ਸਤਿਗੁਰਿ ਦੀਆ ਦਿਖਾਇ॥		Saachaa Saahib Maaharo Sathigur Dheeaa Dhikhaae ||	The True Guru has revealed our True, Supreme Lord and Master.	ਸਦਾ ਕਾਇਮ ਰਹਿਣ ਵਾਲਾ ਪ੍ਰਭੂ ਹੀ (ਸਾਰੇ ਜਗਤ ਦਾ) ਪ੍ਰਧਾਨ ਹੈ ਮਾਲਕ ਹੈ। ਜਿਸ (ਮਨੁੱਖ ਨੂੰ) ਗੁਰੂ ਨੇ ਉਸ ਦਾ ਦਰਸਨ ਕਰਾ ਦਿੱਤਾ;
54807	1276	ਅੰਮ੍ਰਿਤੁ ਵਰਸੈ ਮਨੁ ਸੰਤੋਖੀਐ ਸਚਿ ਰਹੈ ਲਿਵ ਲਾਇ॥		Anmrith Varasai Man Santhokheeai Sach Rehai Liv Laae ||	The Ambrosial Nectar rains down and the mind is satisfied, remaining lovingly attuned to the True Lord.	(ਉਸ ਦੇ ਅੰਦਰ) ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ ਵਰਖਾ ਹੋਣ ਲੱਗ ਪੈਂਦੀ ਹੈ, (ਉਸ ਦਾ) ਮਨ ਸੰਤੋਖੀ ਹੋ ਜਾਂਦਾ ਹੈ, ਉਹ ਮਨੁੱਖ ਸਦਾ-ਥਿਰ ਹਰਿ ਨਾਮ ਵਿਚ ਸੁਰਤ ਜੋੜੀ ਰੱਖਦਾ ਹੈ।

54808	1276	ਹਰਿ ਕੈ ਨਾਇ ਸਦਾ ਹਰੀਆਵਲੀ ਫਿਰਿ ਸੁਕੈ ਨਾ ਕੁਮਲਾਇ॥੪॥	(ਹਰੀ–ਆਵਲੀ) ਬਿਹਾਰੀ ਦੱਬ ਕੇ ਬੋਲੋ	Har Kai Naae Sadhaa Hareeaavalee Fir Sukai Naa Kumalaae ||4||	In the Lord's Name, it is forever rejuvenated; it shall never wither and dry up again. ||4||	(ਜਿਵੇਂ ਪਾਣੀ ਨਾਲ ਖੇਤੀ ਹਰੀ ਹੋ ਜਾਂਦੀ ਹੈ, ਨਾਹ ਸੁੱਕਦੀ ਹੈ ਨਾਹ ਕੁਮਲਾਂਦੀ ਹੈ, ਤਿਵੇਂ ਜਿਸ ਮਨੁੱਖ ਨੂੰ ਗੁਰੂ ਨੇ ਪਰਮਾਤਮਾ ਦਾ ਦਰਸਨ ਕਰਾ ਦਿੱਤਾ; ਉਸ ਦੀ ਜਿੰਦ) ਪਰਮਾਤਮਾ ਦੇ ਨਾਮ (-ਜਲ) ਦੀ ਬਰਕਤਿ ਨਾਲ ਸਦਾ ਹਰੀ-ਭਰੀ (ਆਤਮਕ ਜੀਵਨ ਵਾਲੀ) ਰਹਿੰਦੀ ਹੈ, ਨਾਹ ਕਦੇ ਸੁੱਕਦੀ ਹੈ (ਨਾਹ ਕਦੇ ਆਤਮਕ ਮੌਤ ਸਹੇੜਦੀ ਹੈ) ਨਾਹ ਕਦੇ ਕੁਮਲਾਂਦੀ ਹੈ (ਨਾਹ ਕਦੇ ਡੋਲਦੀ ਹੈ) ॥੪॥
54809	1277	ਬਿਨੁ ਸਤਿਗੁਰ ਕਿਨੈ ਨ ਪਾਇਓ ਮਨਿ ਵੇਖਹੁ ਕੋ ਪਤੀਆਇ॥		Bin Sathigur Kinai N Paaeiou Man Vaekhahu Ko Patheeaae ||	Without the True Guru, no one finds the Lord; anyone can try and see.	ਬੇਸ਼ੱਕ ਕੋਈ ਧਿਰ ਮਨ ਵਿਚ ਨਿਰਨਾ ਕਰ ਕੇ ਵੇਖ ਲਵੇ, ਗੁਰੂ (ਦੀ ਸਰਨ) ਤੋਂ ਬਿਨਾ ਕਿਸੇ ਨੇ ਭੀ (ਪਰਮਾਤਮਾ ਦਾ ਨਾਮ-ਧਨ) ਹਾਸਲ ਨਹੀਂ ਕੀਤਾ।
54810	1277	ਹਰਿ ਕਿਰਪਾ ਤੇ ਸਤਿਗੁਰੁ ਪਾਈਐ ਭੇਟੈ ਸਹਜਿ ਸੁਭਾਇ॥		Har Kirapaa Thae Sathigur Paaeeai Bhaettai Sehaj Subhaae ||	By the Lord's Grace, the True Guru is found, and then the Lord is met with intuitive ease.	ਗੁਰੂ (ਭੀ) ਮਿਲਦਾ ਹੈ ਪਰਮਾਤਮਾ ਦੀ ਮਿਹਰ ਨਾਲ, ਆਤਮਕ ਅਡੋਲਤਾ ਵਿਚ ਮਿਲਦਾ ਹੈ ਪਿਆਰ ਵਿਚ ਮਿਲਦਾ ਹੈ।

54811	1277	ਮਨਮੁਖ ਭਰਮਿ ਭੁਲਾਇਆ ਬਿਨੁ ਭਾਗਾ ਹਰਿ ਧਨੁ ਨ ਪਾਇ॥੫॥	ਸੱਭਾ	Manamukh Bharam Bhulaaeiaa Bin Bhaagaa Har Dhhan N Paae ||5||	The self-willed manmukh is deluded by doubt; without good destiny, the Lord's wealth is not obtained. ||5||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੂੰ ਭਟਕਣਾ ਨੇ ਕੁਰਾਹੇ ਪਾ ਰੱਖਿਆ ਹੁੰਦਾ ਹੈ। ਕਿਸਮਤ ਤੋਂ ਬਿਨਾ ਪਰਮਾਤਮਾ ਦਾ ਨਾਮ-ਧਨ ਨਹੀਂ ਲੱਭ ਸਕਦਾ ॥੫॥
54812	1277	ਤ੍ਰੈ ਗੁਣ ਸਭਾ ਧਾਤੁ ਹੈ ਪੜਿ ਪੜਿ ਕਰਹਿ ਵੀਚਾਰੁ॥		Thrai Gun Sabhaa Dhhaath Hai Parr Parr Karehi Veechaar ||	The three dispositions are completely distracting; people read and study and contemplate them.	(ਪੰਡਿਤ ਲੋਕ ਵੇਦ ਆਦਿਕ ਧਰਮ-ਪੁਸਤਕਾਂ ਨੂੰ) ਪੜ੍ਹ ਪੜ੍ਹ ਕੇ (ਤਿੰਨਾਂ ਗੁਣਾਂ ਵਿਚ ਰੱਖਣ ਵਾਲੇ ਕਰਮ-ਕਾਂਡ ਦਾ ਹੀ) ਵਿਚਾਰ ਕਰਦੇ ਹਨ, ਤੇ, ਇਹ ਤਿੰਨਾਂ ਗੁਣਾਂ ਦੀ ਵਿਚਾਰ ਨਿਰੀ ਮਾਇਆ ਹੀ ਹੈ।
54813	1277	ਮੁਕਤਿ ਕਦੇ ਨ ਹੋਵਈ ਨਹੁ ਪਾਇਨਿ ਮੋਖ ਦੁਆਰੁ॥		Mukath Kadhae N Hovee Nahu Paaeinih Mokh Dhuaar ||	Those people are never liberated; they do not find the Door of Salvation.	(ਇਸ ਉੱਦਮ ਨਾਲ) ਕਦੇ ਭੀ ਮਾਇਆ ਦੇ ਮੋਹ ਤੋਂ ਖ਼ਲਾਸੀ ਨਹੀਂ ਹੋ ਸਕਦੀ, (ਉਹ ਲੋਕ) ਮਾਇਆ ਤੋਂ ਖ਼ਲਾਸੀ ਪਾਣ ਦਾ ਰਸਤਾ ਨਹੀਂ ਲੱਭ ਸਕਦੇ।
54814	1277	ਬਿਨੁ ਸਤਿਗੁਰ ਬੰਧਨ ਨ ਤੁਟਹੀ ਨਾਮਿ ਨ ਲਗੈ ਪਿਆਰੁ॥੬॥		Bin Sathigur Bandhhan N Thuttehee Naam N Lagai Piaar ||6||	Without the True Guru, they are never released from bondage; they do not embrace love for the Naam, the Name of the Lord. ||6||	ਗੁਰੂ (ਦੀ ਸਰਨ) ਤੋਂ ਬਿਨਾ (ਮਾਇਆ ਦੇ ਮੋਹ ਦੀਆਂ) ਫਾਹੀਆਂ ਨਹੀਂ ਟੁੱਟਦੀਆਂ, ਪਰਮਾਤਮਾ ਦੇ ਨਾਮ ਵਿਚ ਪਿਆਰ ਨਹੀਂ ਬਣ ਸਕਦਾ ॥੬॥

54815	1277	ਪੜਿ ਪੜਿ ਪੰਡਿਤ ਮੋਨੀ ਥਕੇ ਬੇਦਾਂ ਕਾ ਅਭਿਆਸੁ॥		Parr Parr Panddith Monee Thhakae Baedhaan Kaa Abhiaas ||	The Pandits, the religious scholars, and the silent sages, reading and studying the Vedas, have grown weary.	ਪੰਡਿਤ ਲੋਕ ਮੁਨੀ ਲੋਕ (ਸ਼ਾਸਤ੍ਰਾਂ ਨੂੰ) ਪੜ੍ਹ ਪੜ੍ਹ ਕੇ ਥੱਕ ਜਾਂਦੇ ਹਨ (ਕਰਮ ਕਾਂਡ ਦੇ ਗੇੜ ਵਿਚ ਪਾਈ ਰੱਖਣ ਵਾਲੇ) ਵੇਦ (ਆਦਿਕ ਧਰਮ-ਪੁਸਤਕਾਂ ਦਾ ਹੀ) ਅਭਿਆਸ ਕਰਦੇ ਰਹਿੰਦੇ ਹਨ,
54816	1277	ਹਰਿ ਨਾਮੁ ਚਿਤਿ ਨ ਆਵਈ ਨਹ ਨਿਜ ਘਰਿ ਹੋਵੈ ਵਾਸੁ॥		Har Naam Chith N Aavee Neh Nij Ghar Hovai Vaas ||	They do not even think of the Lord's Name; they do not dwell in the home of their own inner being.	(ਪਰ ਇਸ ਤਰ੍ਹਾਂ) ਪਰਮਾਤਮਾ ਦਾ ਨਾਮ ਚਿੱਤ ਵਿਚ ਨਹੀਂ ਵੱਸਦਾ, ਪ੍ਰਭੂ ਚਰਨਾਂ ਵਿਚ ਨਿਵਾਸ ਨਹੀਂ ਹੁੰਦਾ।
54817	1277	ਜਮਕਾਲੁ ਸਿਰਹੁ ਨ ਉਤਰੈ ਅੰਤਰਿ ਕਪਟ ਵਿਣਾਸੁ॥੭॥		Jamakaal Sirahu N Outharai Anthar Kapatt Vinaas ||7||	The Messenger of Death hovers over their heads; they are ruined by the deceit within themselves. ||7||	ਸਿਰ ਤੋਂ ਜਨਮ ਮਰਨ ਦਾ ਗੇੜ ਨਹੀਂ ਮੁੱਕਦਾ, ਮਨ ਵਿਚ (ਮਾਇਆ ਦੀ ਖ਼ਾਤਰ) ਠੱਗੀ (ਟਿਕੀ ਰਹਿਣ ਕਰਕੇ) ਆਤਮਕ ਮੌਤ ਬਣੀ ਰਹਿੰਦੀ ਹੈ ॥੭॥
54818	1277	ਹਰਿ ਨਾਵੈ ਨੋ ਸਭੁ ਕੋ ਪਰਤਾਪਦਾ ਵਿਣੁ ਭਾਗਾਂ ਪਾਇਆ ਨ ਜਾਇ॥	(ਪਰਤਾਪਦਾ)ਚਾਹੁੰਦਾ ਹੈ	Har Naavai No Sabh Ko Parathaapadhaa Vin Bhaagaan Paaeiaa N Jaae ||	Everyone longs for the Name of the Lord; without good destiny, it is not obtained.	(ਉਂਞ ਤਾਂ) ਹਰੇਕ ਪ੍ਰਾਣੀ ਪਰਮਾਤਮਾ ਦਾ ਨਾਮ ਪ੍ਰਾਪਤ ਕਰਨ ਲਈ ਤਾਂਘਦਾ ਹੈ, ਪਰ ਚੰਗੀ ਕਿਸਮਤ ਤੋਂ ਬਿਨਾ ਮਿਲਦਾ ਨਹੀਂ ਹੈ।

54819	1277	ਨਦਰਿ ਕਰੇ ਗੁਰੁ ਭੇਟੀਐ ਹਰਿ ਨਾਮੁ ਵਸੈ ਮਨਿ ਆਇ॥		Nadhar Karae Gur Bhaetteeai Har Naam Vasai Man Aae ||	When the Lord bestows His Glance of Grace, the mortal meets the True Guru, and the Lord's Name comes to dwell within the mind.	ਜਦੋਂ ਪ੍ਰਭੂ ਮਿਹਰ ਦੀ ਨਿਗਾਹ ਕਰਦਾ ਹੈ ਤਾਂ ਗੁਰੂ ਮਿਲਦਾ ਹੈ (ਤੇ, ਗੁਰੂ ਦੀ ਰਾਹੀਂ) ਪਰਮਾਤਮਾ ਦਾ ਨਾਮ ਮਨ ਵਿਚ ਆ ਵੱਸਦਾ ਹੈ।
54820	1277	ਨਾਨਕ ਨਾਮੇ ਹੀ ਪਤਿ ਊਪਜੈ ਹਰਿ ਸਿਉ ਰਹਾਂ ਸਮਾਇ॥੮॥੨॥		Naanak Naamae Hee Path Oopajai Har Sio Rehaan Samaae ||8||2||	O Nanak, through the Name, honor wells up, and the mortal remains immersed in the Lord. ||8||2||	ਹੇ ਨਾਨਕ! ਪਰਮਾਤਮਾ ਦੇ ਨਾਮ ਦੀ ਰਾਹੀਂ ਹੀ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ (ਮੈਂ ਗੁਰੂ ਦੀ ਕਿਰਪਾ ਨਾਲ) ਪਰਮਾਤਮਾ ਦੇ ਨਾਮ ਨਾਲ ਸਦਾ ਜੁੜਿਆ ਰਹਿੰਦਾ ਹਾਂ ॥੮॥੨॥
54821	1277	ਮਲਾਰ ਮਹਲਾ ੩ ਅਸਟਪਦੀ ਘਰੁ ੨॥	ਅਸਟਪਦੀ: ਸ ਪੈਰ ਬਿੰਦੀ ਨ ਲਾਉ	Malaar Mehalaa 3 Asattapadhee Ghar 2 ||	Malaar, Third Mehl, Ashtapadees, Second House:	ਰਾਗ ਮਲਾਰ, ਘਰ ੨ ਵਿੱਚ ਗੁਰੂ ਅਮਰਦਾਸ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
54822	1277	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
54823	1277	ਹਰਿ ਹਰਿ ਕ੍ਰਿਪਾ ਕਰੇ ਗੁਰ ਕੀ ਕਾਰੈ ਲਾਏ॥		Har Har Kirapaa Karae Gur Kee Kaarai Laaeae ||	When the Lord shows His Mercy, He enjoins the mortal to work for the Guru.	(ਜਿਸ ਮਨੁੱਖ ਉੱਤੇ) ਪਰਮਾਤਮਾ ਮਿਹਰ ਕਰਦਾ ਹੈ, ਉਸ ਨੂੰ ਗੁਰੂ ਦੀ ਸੇਵਾ ਵਿਚ ਲਾਂਦਾ ਹੈ,

54824	1277	ਦੁਖੁ ਪਲ੍ਹਰਿ ਹਰਿ ਨਾਮੁ ਵਸਾਏ॥	(ਪੱਲ੍ਹਰਿ) ਨਾਸ	Dhukh Palhar Har Naam Vasaaeae ||	His pains are taken away and the Lord's Name comes to dwell within.	(ਜਿਹੜਾ ਗੁਰੂ) ਉਸ ਦਾ ਦੁੱਖ ਦੂਰ ਕਰ ਕੇ ਉਸ ਦੇ ਅੰਦਰ ਪਰਮਾਤਮਾ ਦਾ ਨਾਮ ਵਸਾਂਦਾ ਹੈ।
54825	1277	ਸਾਚੀ ਗਤਿ ਸਾਚੈ ਚਿਤੁ ਲਾਏ॥		Saachee Gath Saachai Chith Laaeae ||	True deliverance comes by focusing one's consciousness on the True Lord.	(ਜਿਸ ਉੱਤੇ ਪਰਮਾਤਮਾ ਕਿਰਪਾ ਕਰਦਾ ਹੈ, ਉਸ ਨੂੰ) ਗੁਰੂ ਦੀ ਬਾਣੀ ਦੀ ਰਾਹੀਂ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣਾ ਨਾਮ) ਸੁਣਾਂਦਾ ਹੈ,
54826	1277	ਗੁਰ ਕੀ ਬਾਣੀ ਸਬਦਿ ਸੁਣਾਏ॥੧॥		Gur Kee Baanee Sabadh Sunaaeae ||1||	Listen to the Shabad, and the Word of the Guru's Bani. ||1||	ਉਹ ਮਨੁੱਖ ਸਦਾ-ਥਿਰ ਹਰਿ-ਨਾਮ ਵਿਚ ਆਪਣਾ ਚਿੱਤ ਜੋੜਦਾ ਹੈ ਅਤੇ ਸਦਾ ਕਾਇਮ ਰਹਿਣ ਵਾਲੀ ਉੱਚੀ ਆਤਮਕ ਅਵਸਥਾ ਹਾਸਲ ਕਰਦਾ ਹੈ ॥੧॥
54827	1277	ਮਨ ਮੇਰੇ ਹਰਿ ਹਰਿ ਸੇਵਿ ਨਿਧਾਨੁ॥		Man Maerae Har Har Saev Nidhhaan ||	O my mind, serve the Lord, Har, Har, the true treasure.	ਹੇ ਮੇਰੇ ਮਨ! ਸਦਾ ਪਰਮਾਤਮਾ ਦੀ ਭਗਤੀ ਕਰਦਾ ਰਹੁ, (ਇਹੀ ਹੈ) ਅਸਲ ਖ਼ਜ਼ਾਨਾ।

54828	1277	ਗੁਰ ਕਿਰਪਾ ਤੇ ਹਰਿ ਧਨੁ ਪਾਈਐ ਅਨ ਦਿਨੁ ਲਾਗੈ ਸਹਜਿ ਧਿਆਨੁ॥੧॥ਰਹਾਉ ॥		Gur Kirapaa Thae Har Dhhan Paaeeai Anadhin Laagai Sehaj Dhhiaan ||1|| Rehaao ||	By Guru's Grace, the wealth of the Lord is obtained. Night and day, focus your meditation on the Lord. ||1||Pause||	ਹਰਿ-ਨਾਮ ਦਾ (ਇਹ) ਧਨ ਗੁਰੂ ਦੀ ਕਿਰਪਾ ਨਾਲ ਮਿਲਦਾ ਹੈ, ਅਤੇ ਹਰ ਵੇਲੇ ਆਤਮਕ ਅਡੋਲਤਾ ਵਿਚ ਸੁਰਤ ਜੁੜੀ ਰਹਿੰਦੀ ਹੈ ॥੧॥ ਰਹਾਉ ॥
54829	1277	ਬਿਨੁ ਪਿਰ ਕਾਮਣਿ ਕਰੇ ਸੰਗਾਰੁ॥	ਕੱਾਮਣਿ	Bin Pir Kaaman Karae Sanaeegaar ||	The soul-bride who adorns herself without her Husband Lord,	(ਜਿਵੇਂ ਜਿਹੜੀ) ਇਸਤ੍ਰੀ ਖਸਮ ਤੋਂ ਬਿਨਾ (ਹੁੰਦੀ ਹੋਈ ਸਰੀਰਕ) ਸਿੰਗਾਰ ਕਰਦੀ ਹੈ,
54830	1277	ਦੁਹਚਾਰਣੀ ਕਹੀਐ ਨਿਤ ਹੋਇ ਖੁਆਰੁ॥	ਦੁਹ-ਚਾਰਣੀ	Dhuhachaaranee Keheeai Nith Hoe Khuaar ||	Is ill-mannered and vile, wasted away into ruin.	ਉਹ ਭੈੜੇ ਆਚਰਨ ਵਾਲੀ ਆਖੀ ਜਾਂਦੀ ਹੈ ਅਤੇ ਸਦਾ ਖ਼ੁਆਰ ਹੁੰਦੀ ਹੈ।
54831	1277	ਮਨਮੁਖ ਕਾ ਇਹੁ ਬਾਦਿ ਆਚਾਰੁ॥		Manamukh Kaa Eihu Baadh Aachaar ||	This is the useless way of life of the self-willed manmukh.	(ਤਿਵੇਂ) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਦਾ ਇਹ ਰਵਈਆ ਵਿਅਰਥ ਜਾਂਦਾ ਹੈ,
54832	1277	ਬਹੁ ਕਰਮ ਦ੍ਰਿੜਾਵਹਿ ਨਾਮੁ ਵਿਸਾਰਿ॥੨॥		Bahu Karam Dhrirraavehi Naam Visaar ||2||	Forgetting the Naam, the Name of the Lord, he performs all sorts of empty rituals. ||2||	ਕਿ ਉਹ ਪਰਮਾਤਮਾ ਦਾ ਨਾਮ ਭੁਲਾ ਕੇ ਹੋਰ ਬਥੇਰੇ ਵਿਖਾਵੇ ਦੇ ਧਾਰਮਿਕ ਕਰਮਾਂ ਦੀ ਤਾਕੀਦ ਕਰਦੇ ਹਨ ॥੨॥

54833	1277	ਗੁਰਮੁਖਿ ਕਾਮਣਿ ਬਣਿਆ ਸੀਗਾਰੁ॥		Guramukh Kaaman Baniaa Seegaar ||	The bride who is Gurmukh is beautifully embellished.	ਗੁਰੂ ਦੇ ਸਨਮੁਖ ਰਹਿਣ ਵਾਲੀ ਜੀਵ-ਇਸਤ੍ਰੀ ਨੂੰ ਇਹ ਆਤਮਕ ਸੁਹਜ ਫਬਦਾ ਹੈ,
54834	1277	ਸਬਦੇ ਪਿਰੁ ਰਾਖਿਆ ਉਰ ਧਾਰਿ॥		Sabadhae Pir Raakhiaa Our Dhhaar ||	Through the Word of the Shabad, she enshrines her Husband Lord within her heart.	ਕਿ ਉਹ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ-ਪਤੀ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੀ ਹੈ।
54835	1277	ਏਕੁ ਪਛਾਣੈ ਹਉਮੈ ਮਾਰਿ॥		Eaek Pashhaanai Houmai Maar ||	She realizes the One Lord, and subdues her ego.	ਉਹ ਆਪਣੇ ਅੰਦਰੋਂ ਹਉਮੈ ਦੂਰ ਕਰ ਕੇ ਸਿਰਫ਼ ਪਰਮਾਤਮਾ ਨਾਮ ਡੂੰਘੀ ਸਾਂਝ ਪਾਂਦੀ ਹੈ।
54836	1277	ਸੋਭਾਵੰਤੀ ਕਹੀਐ ਨਾਰਿ॥੩॥		Sobhaavanthee Keheeai Naar ||3||	That soul-bride is virtuous and noble. ||3||	ਉਸ ਜੀਵ-ਇਸਤ੍ਰੀ ਨੂੰ ਸੋਭਾ ਵਾਲੀ ਕਿਹਾ ਜਾਂਦਾ ਹੈ ॥੩॥
54837	1277	ਬਿਨੁ ਗੁਰ ਦਾਤੇ ਕਿਨੈ ਨ ਪਾਇਆ॥		Bin Gur Dhaathae Kinai N Paaeiaa ||	Without the Guru, the Giver, no one finds the Lord.	(ਨਾਮ ਦੀ ਦਾਤਿ) ਦੇਣ ਵਾਲੇ ਗੁਰੂ ਤੋਂ ਬਿਨਾ ਕਿਸੇ ਨੇ ਭੀ (ਪਰਮਾਤਮਾ ਦਾ ਮਿਲਾਪ) ਹਾਸਲ ਨਹੀਂ ਕੀਤਾ।
54838	1277	ਮਨਮੁਖ ਲੋਭਿ ਦੂਜੈ ਲੋਭਾਇਆ॥		Manamukh Lobh Dhoojai Lobhaaeiaa ||	The greedy self-willed manmukh is attracted and engrossed in duality.	ਆਪਣੇ ਮਨ ਦੇ ਪਿਛੇ ਤੁਰਨ ਵਾਲਾ ਮਨੁੱਖ ਮਾਇਆ ਦੇ ਲੋਭ ਦੇ ਕਾਰਨ (ਪ੍ਰਭੂ ਦੀ ਯਾਦ ਤੋਂ ਬਿਨਾ) ਹੋਰ (ਦੇ ਪਿਆਰ) ਵਿਚ ਮਗਨ ਰਹਿੰਦਾ ਹੈ।
54839	1277	ਐਸੇ ਗਿਆਨੀ ਬੂਝਹੁ ਕੋਇ॥		Aisae Giaanee Boojhahu Koe ||	Only a few spiritual teachers realize this,	ਹੇ ਗਿਆਨਵਾਨ! ਜੇ ਕਿਸੇ ਨੂੰ ਆਤਮਕ ਜੀਵਨ ਦੀ ਸੂਝ ਪਈ ਹੈ,

54840	1277	ਬਿਨੁ ਗੁਰ ਭੇਟੇ ਮੁਕਤਿ ਨ ਹੋਇ॥੪॥		Bin Gur Bhaettae Mukath N Hoe ||4||	That without meeting the Guru, liberation is not obtained. ||4||	ਤਾਂ ਇਉਂ ਸਮਝ ਰੱਖੋ ਕਿ ਗੁਰੂ ਨੂੰ ਮਿਲਣ ਤੋਂ ਬਿਨਾ (ਮਾਇਆ ਦੇ ਮੋਹ ਤੋਂ) ਖ਼ਲਾਸੀ ਨਹੀਂ ਹੁੰਦੀ ॥੪॥
54841	1277	ਕਹਿ ਕਹਿ ਕਹਣੁ ਕਹੈ ਸਭੁ ਕੋਇ॥		Kehi Kehi Kehan Kehai Sabh Koe ||	Everyone tells the stories told by others.	(ਇਹ) ਫੜ (ਕਿ ਮੈਂ ਭਗਤੀ ਕਰਦਾ ਹਾਂ) ਹਰ ਕੋਈ ਹਰ ਵੇਲੇ ਮਾਰ ਸਕਦਾ ਹੈ,
54842	1277	ਬਿਨੁ ਮਨ ਮੂਏ ਭਗਤਿ ਨ ਹੋਇ॥		Bin Man Mooeae Bhagath N Hoe ||	Without subduing the mind, devotional worship does not come.	ਪਰ ਮਨ ਵੱਸ ਵਿਚ ਆਉਣ ਤੋਂ ਬਿਨਾ ਭਗਤੀ ਹੋ ਨਹੀਂ ਸਕਦੀ।
54843	1277	ਗਿਆਨ ਮਤੀ ਕਮਲ ਪਰਗਾਸੁ॥		Giaan Mathee Kamal Paragaas ||	When the intellect achieves spiritual wisdom, the heart-lotus blossoms forth.	ਆਤਮਕ ਜੀਵਨ ਦੀ ਸੂਝ ਵਾਲੀ ਮੱਤ ਦੀ ਰਾਹੀਂ ਜਿਸ ਹਿਰਦੇ-ਕੰਵਲ ਦਾ ਖਿੜਾਉ ਹੋ ਜਾਂਦਾ ਹੈ,
54844	1277	ਤਿਤੁ ਘਟਿ ਨਾਮੈ ਨਾਮਿ ਨਿਵਾਸੁ॥੫॥		Thith Ghatt Naamai Naam Nivaas ||5||	The Naam, the Name of the Lord, comes to abide in that heart. ||5||	ਨਾਮ (ਜਪਣ) ਦੀ ਰਾਹੀਂ ਉਸ ਹਿਰਦੇ ਵਿਚ (ਸਦਾ ਲਈ) ਨਾਮ ਦਾ ਨਿਵਾਸ ਹੋ ਜਾਂਦਾ ਹੈ ॥੫॥
54845	1277	ਹਉਮੈ ਭਗਤਿ ਕਰੇ ਸਭੁ ਕੋਇ॥		Houmai Bhagath Karae Sabh Koe ||	In egotism, everyone can pretend to worship God with devotion.	(ਗੁਰੂ ਦੀ ਸਰਨ ਆਉਣ ਤੋਂ ਬਿਨਾ ਆਪਣੀ) ਹਉਮੈ ਦੇ ਆਸਰੇ ਹਰ ਕੋਈ ਭਗਤੀ ਕਰਦਾ ਹੈ,
54846	1277	ਨਾ ਮਨੁ ਭੀਜੈ ਨਾ ਸੁਖੁ ਹੋਇ॥		Naa Man Bheejai Naa Sukh Hoe ||	But this does not soften the mind, and it does not bring peace.	ਪਰ ਇਸ ਤਰ੍ਹਾਂ ਮਨੁੱਖ ਦਾ ਮਨ ਨਾਮ-ਜਲ ਨਾਲ ਤਰ ਨਹੀਂ ਹੁੰਦਾ, ਨਾਹ ਹੀ ਉਸਦੇ ਅੰਦਰ ਆਤਮਕ ਅਨੰਦ ਪੈਦਾ ਹੁੰਦਾ ਹੈ।

54847	1277	ਕਹਿ ਕਹਿ ਕਹਣੁ ਆਪੁ ਜਾਣਾਏ॥		Kehi Kehi Kehan Aap Jaanaaeae ||	By speaking and preaching, the mortal only shows off his self-conceit.	ਇਹ ਫੜ (ਕਿ ਮੈਂ ਭਗਤੀ ਕਰਦਾ ਹਾਂ) ਮਾਰ ਮਾਰ ਕੇ ਮਨੁੱਖ ਆਪਣੇ ਆਪ ਨੂੰ (ਭਗਤ) ਜ਼ਾਹਰ ਕਰਦਾ ਹੈ,
54848	1277	ਬਿਰਥੀ ਭਗਤਿ ਸਭੁ ਜਨਮੁ ਗਵਾਏ॥੬॥		Birathhee Bhagath Sabh Janam Gavaaeae ||6||	His devotional worship is useless, and his life is a total waste. ||6||	(ਪਰ ਇਹੋ ਜਿਹੀ) ਭਗਤੀ ਵਿਅਰਥ ਜਾਂਦੀ ਹੈ, (ਮਨੁੱਖ ਆਪਣਾ ਸਾਰਾ) ਜਨਮ ਗਵਾ ਲੈਂਦਾ ਹੈ ॥੬॥
54849	1277	ਸੇ ਭਗਤ ਸਤਿਗੁਰ ਮਨਿ ਭਾਏ॥		Sae Bhagath Sathigur Man Bhaaeae ||	They alone are devotees, who are pleasing to the Mind of the True Guru.	(ਅਸਲ) ਭਗਤ ਉਹ ਹਨ ਜਿਹੜੇ ਗੁਰੂ ਦੇ ਮਨ ਵਿਚ ਪਿਆਰੇ ਲੱਗਦੇ ਹਨ,
54850	1277	ਅਨ ਦਿਨੁ ਨਾਮਿ ਰਹੇ ਲਿਵ ਲਾਏ॥		Anadhin Naam Rehae Liv Laaeae ||	Night and day, they remain lovingly attuned to the Name.	ਹਰ ਵੇਲੇ ਹਰਿ-ਨਾਮ ਵਿਚ ਸੁਰਤ ਜੋੜੀ ਰੱਖਦੇ ਹਨ।
54851	1277	ਸਦ ਹੀ ਨਾਮੁ ਵੇਖਹਿ ਹਜੂਰਿ॥		Sadh Hee Naam Vaekhehi Hajoor ||	They behold the Naam, the Name of the Lord, ever-present, near at hand.	ਉਹ ਮਨੁੱਖ ਹਰਿ-ਨਾਮ ਨੂੰ ਸਦਾ ਹੀ ਆਪਣੇ ਅੰਗ-ਸੰਗ ਵੇਖਦੇ ਹਨ,
54852	1278	ਗੁਰ ਕੈ ਸਬਦਿ ਰਹਿਆ ਭਰਪੂਰਿ॥੭॥		Gur Kai Sabadh Rehiaa Bharapoor ||7||	Through the Word of the Guru's Shabad, He is pervading and permeating everywhere. ||7||	ਗੁਰੂ ਦੇ ਸ਼ਬਦ ਦੀ ਰਾਹੀਂ ਉਹਨਾਂ ਨੂੰ ਉਹ ਹਰ ਥਾਂ ਵਿਆਪਕ ਦਿੱਸਦਾ ਹੈ ॥੭॥

54853	1278	ਆਪੇ ਬਖਸੇ ਦੇਇ ਪਿਆਰੁ॥		Aapae Bakhasae Dhaee Piaar ||	God Himself forgives, and bestows His Love.	(ਜਿਸ ਮਨੁੱਖ ਉਤੇ ਪ੍ਰਭੂ) ਆਪ ਹੀ ਬਖ਼ਸ਼ਸ਼ ਕਰਦਾ ਹੈ, (ਉਸ ਨੂੰ ਆਪਣੇ) ਪਿਆਰ (ਦੀ ਦਾਤ) ਦੇਂਦਾ ਹੈ।
54854	1278	ਹਉਮੈ ਰੋਗੁ ਵਡਾ ਸੰਸਾਰਿ॥		Houmai Rog Vaddaa Sansaar ||	The world is suffering from the terrible disease of egotism.	(ਉਂਞ ਤਾਂ) ਜਗਤ ਵਿਚ ਹਉਮੈ ਦਾ ਬੜਾ ਭਾਰੀ ਰੋਗ ਹੈ।
54855	1278	ਗੁਰ ਕਿਰਪਾ ਤੇ ਏਹੁ ਰੋਗੁ ਜਾਇ॥		Gur Kirapaa Thae Eaehu Rog Jaae ||	By Guru's Grace, this disease is cured.	ਗੁਰੂ ਦੀ ਕਿਰਪਾ ਨਾਲ (ਜਿਸ ਮਨੁੱਖ ਦੇ ਅੰਦਰੋਂ) ਇਹ ਰੋਗ ਦੂਰ ਹੁੰਦਾ ਹੈ,
54856	1278	ਨਾਨਕ ਸਾਚੇ ਸਾਚਿ ਸਮਾਇ॥੮॥੧॥੩॥ ੫॥੮॥		Naanak Saachae Saach Samaae ||8||1||3||5||8||	O Nanak, through the Truth, the mortal remains immersed in the True Lord. ||8||1||3||5||8||	ਉਹ ਹਰ ਵੇਲੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦਾ ਹੈ ॥੮॥੧॥੩॥੫॥੮॥
54857	1278	ਰਾਗੁ ਮਲਾਰ ਛੰਤ ਮਹਲਾ ੫॥		Raag Malaar Shhanth Mehalaa 5 ||	Raag Malaar, Chhant, Fifth Mehl:	ਰਾਗ ਮਲਾਰ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ' (ਛੰਦ)।
54858	1278	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
54859	1278	ਪ੍ਰੀਤਮ ਪ੍ਰੇਮ ਭਗਤਿ ਕੇ ਦਾਤੇ॥		Preetham Praem Bhagath Kae Dhaathae ||	My Beloved Lord is the Giver of loving devotional worship.	ਪ੍ਰੀਤਮ ਪ੍ਰਭੂ ਜੀ (ਆਪਣੇ ਭਗਤਾਂ ਨੂੰ) ਪਿਆਰ ਦੀ ਦਾਤ ਦੇਣ ਵਾਲੇ ਹਨ, ਭਗਤੀ ਦੀ ਦਾਤ ਦੇਣ ਵਾਲੇ ਹਨ।

54860	1278	ਅਪਨੇ ਜਨ ਸੰਗਿ ਰਾਤੇ॥		Apanae Jan Sang Raathae ||	His humble servants are imbued with His Love.	ਪ੍ਰਭੂ ਜੀ ਆਪਣੇ ਸੇਵਕਾਂ ਨਾਲ ਰੱਤੇ ਰਹਿੰਦੇ ਹਨ,
54861	1278	ਜਨ ਸੰਗਿ ਰਾਤੇ ਦਿਨਸੁ ਰਾਤੇ ਇਕ ਨਿਮਖ ਮਨਹੁ ਨ ਵੀਸਰੈ॥		Jan Sang Raathae Dhinas Raathae Eik Nimakh Manahu N Veesarai ||	He is imbued with His servants, day and night; He does not forget them from His Mind, even for an instant.	ਦਿਨ ਰਾਤ ਆਪਣੇ ਸੇਵਕਾਂ ਨਾਲ ਰੱਤੇ ਰਹਿੰਦੇ ਹਨ। ਪ੍ਰਭੂ (ਆਪਣੇ ਸੇਵਕਾਂ ਦੇ) ਮਨ ਤੋਂ ਅੱਖ ਝਮਕਣ ਜਿਤਨੇ ਸਮੇਂ ਲਈ ਭੀ ਨਹੀਂ ਭੁੱਲਦਾ।
54862	1278	ਗੋਪਾਲ ਗੁਣ ਨਿਧਿ ਸਦਾ ਸੰਗੇ ਸਰਬ ਗੁਣ ਜਗਦੀਸਰੈ॥	ਜੱਗਦੀਸਰੈ	Gopaal Gun Nidhh Sadhaa Sangae Sarab Gun Jagadheesarai ||	He is the Lord of the World, the Treasure of virtue; He is always with me. All glorious virtues belong to the Lord of the Universe.	ਜਗਤ ਦਾ ਪਾਲਣਹਾਰ ਪ੍ਰਭੂ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ, ਸਦਾ (ਸਭ ਜੀਵਾਂ ਦੇ) ਨਾਲ ਹੈ, ਜਗਤ ਦੇ ਮਾਲਕ ਪ੍ਰਭੂ ਵਿਚ ਸਾਰੇ ਹੀ ਗੁਣ ਹਨ।
54863	1278	ਮਨੁ ਮੋਹਿ ਲੀਨਾ ਚਰਨ ਸੰਗੇ ਨਾਮ ਰਸਿ ਜਨ ਮਾਤੇ॥		Man Mohi Leenaa Charan Sangae Naam Ras Jan Maathae ||	With His Feet, He has fascinated my mind; as His humble servant, I am intoxicated with love for His Name.	ਪ੍ਰਭੂ ਆਪਣੇ ਜਨਾਂ ਦਾ ਮਨ ਆਪਣੇ ਚਰਨਾਂ ਨਾਲ ਮਸਤ ਕਰੀ ਰੱਖਦਾ ਹੈ। (ਉਸ ਦੇ) ਸੇਵਕ (ਉਸ ਦੇ ਨਾਮ ਦੇ ਸੁਆਦ ਵਿਚ ਮਗਨ ਰਹਿੰਦੇ ਹਨ।
54864	1278	ਨਾਨਕ ਪ੍ਰੀਤਮ ਕ੍ਰਿਪਾਲ ਸਦਹੂੰ ਕਿਨੈ ਕੋਟਿ ਮਧੇ ਜਾਤੇ॥੧॥	ਮਧੇ: ਪੋਲਾ ਬੋਲੋ	Naanak Preetham Kirapaal Sadhehoon Kinai Kott Madhhae Jaathae ||1||	O Nanak, my Beloved is forever Merciful; out of millions, hardly anyone realizes Him. ||1||	ਹੇ ਨਾਨਕ! ਪ੍ਰੀਤਮ ਪ੍ਰਭੂ ਸਦਾ ਹੀ ਦਇਆ ਦਾ ਘਰ ਹੈ। ਕ੍ਰੋੜਾਂ ਵਿਚੋਂ ਕਿਸੇ ਵਿਰਲੇ ਨੇ (ਉਸ ਨਾਲ) ਡੂੰਘੀ ਸਾਂਝ ਬਣਾਈ ਹੈ ॥੧॥

54865	1278	ਪ੍ਰੀਤਮ ਤੇਰੀ ਗਤਿ ਅਗਮ ਅਪਾਰੇ॥		Preetham Thaeree Gath Agam Apaarae ||	O Beloved, Your state is inaccessible and infinite.	ਹੇ ਪ੍ਰੀਤਮ ਪ੍ਰਭੂ! ਤੇਰੀ ਉੱਚੀ ਆਤਮਕ ਅਵਸਥਾ ਅਪਹੁੰਚ ਹੈ ਬੇਅੰਤ ਹੈ।
54866	1278	ਮਹਾ ਪਤਿਤ ਤੁਮ੍ਹ ਤਾਰੇ॥		Mehaa Pathith Thumh Thaarae ||	You save even the worst sinners.	ਵੱਡੇ ਵੱਡੇ ਪਾਪੀਆਂ ਨੂੰ ਤੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਂਦਾ ਆ ਰਿਹਾ ਹੈਂ।
54867	1278	ਪਤਿਤ ਪਾਵਨ ਭਗਤਿ ਵਛਲ ਕ੍ਰਿਪਾਸਿੰਧੁ ਸੁਆਮੀਆ॥		Pathith Paavan Bhagath Vashhal Kirapaa Sindhh Suaameeaa ||	He is the Purifier of sinners, the Lover of His devotees, the Ocean of mercy, our Lord and Master.	ਹੇ ਪਾਪੀਆਂ ਨੂੰ ਪਵਿੱਤਰ ਕਰਨ ਵਾਲੇ! ਹੇ ਭਗਤੀ ਨਾਲ ਪਿਆਰ ਕਰਨ ਵਾਲੇ ਸੁਆਮੀ! ਤੂੰ ਦਇਆ ਦਾ ਸਮੁੰਦਰ ਹੈਂ।
54868	1278	ਸੰਤਸੰਗੇ ਭਜੁ ਨਿਸੰਗੇ ਰੰਉ ਸਦਾ ਅੰਤਰਜਾਮੀਆ॥		Santhasangae Bhaj Nisangae Rano Sadhaa Antharajaameeaa ||	In the Society of the Saints, vibrate and meditate on Him with commitment forever; He is the Inner-knower, the Searcher of hearts.	(ਹੇ ਮਨ!) ਸਾਧ ਸੰਗਤ ਵਿਚ (ਟਿੱਕ ਕੇ) ਝਾਕਾ ਲਾਹ ਕੇ, ਉਸ ਅੰਤਰਜਾਮੀ ਪ੍ਰਭੂ ਦਾ ਸਦਾ ਭਜਨ ਕਰਿਆ ਕਰ, ਸਿਮਰਨ ਕਰਿਆ ਕਰ।
54869	1278	ਕੋਟਿ ਜਨਮ ਭ੍ਰਮੰਤ ਜੋਨੀ ਤੇ ਨਾਮ ਸਿਮਰਤ ਤਾਰੇ॥		Kott Janam Bhramanth Jonee Thae Naam Simarath Thaarae ||	Those who wander in reincarnation through millions of births, are saved and carried across, by meditating in remembrance on the Naam.	ਜਿਹੜੇ ਜੀਵ ਕ੍ਰੋੜਾਂ ਜਨਮਾਂ ਜੂਨਾਂ ਵਿਚ ਭਟਕਦੇ ਫਿਰਦੇ ਸਨ, ਉਹ ਪ੍ਰਭੂ ਦਾ ਨਾਮ ਸਿਮਰਦਿਆਂ (ਜੂਨਾਂ ਦੇ ਗੇੜ ਵਿਚੋਂ) ਪਾਰ ਲੰਘਾ ਲਏ ਗਏ।

54870	1278	ਨਾਨਕ ਦਰਸ ਪਿਆਸ ਹਰਿ ਜੀਉ ਆਪਿ ਲੇਹੁ ਸਮ੍ਹਾਰੇ॥੨॥		Naanak Dharas Piaas Har Jeeo Aap Laehu Samhaarae ||2||	Nanak is thirsty for the Blessed Vision of Your Darshan, O Dear Lord; please take care of him. ||2||	ਹੇ ਨਾਨਕ! ਹੇ ਪ੍ਰਭੂ ਜੀ! (ਮੈਨੂੰ) ਤੇਰੇ ਦਰਸਨ ਦੀ ਤਾਂਘ ਹੈ, ਮੈਨੂੰ ਆਪਣਾ ਬਣਾ ਲਵੋ ॥੨॥
54871	1278	ਹਰਿ ਚਰਨਕਮਲ ਮਨੁ ਲੀਨਾ॥		Har Charan Kamal Man Leenaa ||	My mind is absorbed in the Lotus Feet of the Lord.	ਹੇ ਹਰੀ! (ਮਿਹਰ ਕਰ, ਮੇਰਾ) ਮਨ ਤੇਰੇ ਸੋਹਣੇ ਚਰਨਾਂ ਵਿਚ ਲੀਨ ਰਹੇ।
54872	1278	ਪ੍ਰਭ ਜਲ ਜਨ ਤੇਰੇ ਮੀਨਾ॥		Prabh Jal Jan Thaerae Meenaa ||	O God, You are the water; Your humble servants are fish.	ਹੇ ਪ੍ਰਭੂ! ਤੂੰ ਪਾਣੀ ਹੈਂ, ਤੇਰੇ ਸੇਵਕ (ਪਾਣੀ ਦੀਆਂ) ਮੱਛੀਆਂ ਹਨ (ਤੈਥੋਂ ਵਿਛੁੜ ਕੇ ਜੀਉ ਨਹੀਂ ਸਕਦੇ)।
54873	1278	ਜਲ ਮੀਨ ਪ੍ਰਭ ਜੀਉ ਏਕ ਤੂਹੈ ਭਿੰਨ ਆਨ ਨ ਜਾਨੀਐ॥		Jal Meen Prabh Jeeo Eaek Thoohai Bhinn Aan N Jaaneeai ||	O Dear God, You alone are the water and the fish. I know that there is no difference between the two.	ਹੇ ਪ੍ਰਭੂ ਜੀ! ਪਾਣੀ ਤੇ ਮੱਛੀਆਂ ਤੂੰ ਆਪ ਹੀ ਆਪ ਹੈਂ, (ਤੈਥੋਂ) ਵਖਰਾ ਕੋਈ ਹੋਰ ਨਹੀਂ ਜਾਣਿਆ ਜਾ ਸਕਦਾ।
54874	1278	ਗਹਿ ਭੁਜਾ ਲੇਵਹੁ ਨਾਮੁ ਦੇਵਹੁ ਤਉ ਪ੍ਰਸਾਦੀ ਮਾਨੀਐ॥		Gehi Bhujaa Laevahu Naam Dhaevahu Tho Prasaadhee Maaneeai ||	Please take hold of my arm and bless me with Your Name. I am honored only by Your Grace.	ਹੇ ਪ੍ਰਭੂ! (ਮੇਰੀ) ਬਾਂਹ ਫੜ ਲੈ (ਮੈਨੂੰ ਆਪਣਾ) ਨਾਮ ਦੇਹ। ਤੇਰੀ ਮਿਹਰ ਨਾਲ ਹੀ (ਤੇਰੇ ਦਰ ਤੇ) ਆਦਰ ਪਾ ਸਕੀਦਾ ਹੈ।

54875	1278	ਭਜੁ ਸਾਧਸੰਗੇ ਏਕ ਰੰਗੇ ਕ੍ਰਿਪਾਲ ਗੋਬਿਦ ਦੀਨਾ॥	ਭਜੁ: ਪੋਲਾ ਬੋਲੋ	Bhaj Saadhhasangae Eaek Rangae Kirapaal Gobidh Dheenaa ||	In the Saadh Sangat, the Company of the Holy, vibrate and meditate with love on the One Lord of the Universe, who is Merciful to the meek.	ਸਾਧ ਸੰਗਤ ਵਿਚ (ਟਿਕ ਕੇ) ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ ਦੇ ਪ੍ਰੇਮ ਵਿਚ ਜੁੜ ਕੇ (ਉਸਦਾ) ਭਜਨ ਕਰਿਆ ਕਰ।
54876	1278	ਅਨਾਥ ਨੀਚ ਸਰਣਾਇ ਨਾਨਕ ਕਰਿ ਮਇਆ ਅਪੁਨਾ ਕੀਨਾ॥੩॥		Anaathh Neech Saranaae Naanak Kar Maeiaa Apunaa Keenaa ||3||	Nanak, the lowly and helpless, seeks the Sanctuary of the Lord, who in His Kindness has made him His Own. ||3||	ਹੇ ਨਾਨਕ! ਸਰਨ ਆਏ ਨਿਖਸਮਿਆਂ ਤੇ ਨੀਚਾਂ ਨੂੰ ਭੀ ਮਿਹਰ ਕਰ ਕੇ ਪ੍ਰਭੂ ਆਪਣਾ ਬਣਾ ਲੈਂਦਾ ਹੈ ॥੩॥
54877	1278	ਆਪਸ ਕਉ ਆਪੁ ਮਿਲਾਇਆ॥		Aapas Ko Aap Milaaeiaa ||	He unites us with Himself.	ਪ੍ਰਭੂ ਆਪਣੇ ਆਪ ਨੂੰ ਆਪਣਾ ਆਪ (ਹੀ) ਮਿਲਾਂਦਾ ਹੈ। (ਕਿਉਂਕਿ ਜੀਵਾਂ ਵਿਚ ਭੀ ਉਹ ਆਪ ਹੀ ਹੈ ਅਤੇ ਜੀਵਾਂ ਨੂੰ ਆਪਣੇ ਨਾਲ ਮਿਲਾਣ ਵਾਲਾ ਭੀ ਉਹ ਆਪ ਹੀ ਹੈ।)
54878	1278	ਭ੍ਰਮ ਭੰਜਨ ਹਰਿ ਰਾਇਆ॥		Bhram Bhanjan Har Raaeiaa ||	Our Sovereign Lord King is the Destroyer of fear.	ਪ੍ਰਭੂ ਪਾਤਿਸ਼ਾਹ (ਜੀਵਾਂ ਦੀ) ਭਟਕਣਾ ਦੂਰ ਕਰਨ ਵਾਲਾ ਹੈ।
54879	1278	ਆਚਰਜ ਸੁਆਮੀ ਅੰਤਰਜਾਮੀ ਮਿਲੇ ਗੁਣ ਨਿਧਿ ਪਿਆਰਿਆ॥	ਆ-ਚਰਜ	Aacharaj Suaamee Antharajaamee Milae Gun Nidhh Piaariaa ||	My Wondrous Lord and Master is the Inner-knower, the Searcher of hearts. My Beloved, the Treasure of virtue, has met me.	ਮਾਲਕ-ਪ੍ਰਭੂ ਅਸਚਰਜ-ਰੂਪ ਹੈ ਸਭ ਦੇ ਦਿਲ ਦੀ ਜਾਣਨ ਵਾਲਾ ਹੈ। ਉਹ ਗੁਣਾਂ ਦਾ ਖ਼ਜ਼ਾਨਾ ਪ੍ਰਭੂ ਜਿਨ੍ਹਾਂ ਆਪਣੇ ਪਿਆਰਿਆਂ ਨੂੰ ਮਿਲ ਪੈਂਦਾ ਹੈ,

54880	1278	ਮਹਾ ਮੰਗਲ ਸੂਖ ਉਪਜੇ ਗੋਬਿੰਦ ਗੁਣ ਨਿਤ ਸਾਰਿਆ॥		Mehaa Mangal Sookh Oupajae Gobindh Gun Nith Saariaa ||	Supreme happiness and peace well up, as I cherish the Glorious Virtues of the Lord of the Universe.	ਉਹ ਸਦਾ ਉਸ ਗੋਬਿੰਦ ਦੇ ਗੁਣ ਆਪਣੇ ਹਿਰਦੇ ਵਿਚ ਵਸਾਂਦੇ ਹਨ, ਉਹਨਾਂ ਦੇ ਅੰਦਰ ਮਹਾਨ ਖ਼ੁਸ਼ੀਆਂ ਮਹਾਨ ਸੁਖ ਪੈਦਾ ਹੋ ਜਾਂਦੇ ਹਨ।
54881	1278	ਮਿਲਿ ਸੰਗਿ ਸੋਹੇ ਦੇਖਿ ਮੋਹੇ ਪੁਰਬਿ ਲਿਖਿਆ ਪਾਇਆ॥		Mil Sang Sohae Dhaekh Mohae Purab Likhiaa Paaeiaa ||	Meeting with Him, I am embellished and exalted; gazing on Him, I am fascinated, and I realize my pre-ordained destiny.	ਪਰ, ਪੂਰਬਲੇ ਜਨਮ ਵਿਚ (ਪ੍ਰਾਪਤੀ ਦਾ ਲੇਖ) ਲਿਖਿਆ (ਜਿਨ੍ਹਾਂ ਦੇ ਮੱਥੇ ਉੱਤੇ) ਉੱਘੜ ਪਿਆ, ਉਹ ਪ੍ਰਭੂ ਨਾਲ ਮਿਲ ਕੇ ਸੋਹਣੇ ਜੀਵਨ ਵਾਲੇ ਬਣ ਗਏ, ਉਹ ਉਸ ਦਾ ਦਰਸਨ ਕਰ ਕੇ ਉਸ ਵਿਚ ਮਗਨ ਹੋ ਗਏ।
54882	1278	ਬਿਨਵੰਤਿ ਨਾਨਕ ਸਰਨਿ ਤਿਨ ਕੀ ਜਿਨ੍ਹੀ ਹਰਿ ਹਰਿ ਧਿਆਇਆ॥੪॥੧॥		Binavanth Naanak Saran Thin Kee Jinhee Har Har Dhhiaaeiaa ||4||1||	Prays Nanak, I seek the Sanctuary of those who meditate on the Lord, Har, Har. ||4||1||	ਨਾਨਕ ਬੇਨਤੀ ਕਰਦਾ ਹੈ ਜਿਨ੍ਹਾਂ ਨੇ ਸਦਾ ਪਰਮਾਤਮਾ ਦਾ ਧਿਆਨ ਧਰਿਆ ਹੈ, ਮੈਂ ਉਹਨਾਂ ਦੀ ਸਰਨ ਪੈਂਦਾ ਹਾਂ ॥੪॥੧॥
54883	1278	ਵਾਰ ਮਲਾਰ ਕੀ ਮਹਲਾ ੧		Vaar Malaar Kee Mehalaa 1	Vaar Of Malaar, First Mehl,	ਰਾਗ ਮਲਾਰ ਵਿੱਚ ਗੁਰੂ ਨਾਨਕਦੇਵ ਜੀ ਦੀ ਚਾਰ-ਬੰਦਾਂ ਵਾਲੀ ਬਾਣੀ। ਰਾਏ ਕੈਲਾਸ ਤੇ ਮਾਲਦੇ ਦੀ ਧੁਨ ਅਨੁਸਾਰ ਗਾਈ ਜਾਵੇ।

54884	1278	ਰਾਣੇ ਕੈਲਾਸ ਤਥਾ ਮਾਲਦੇ ਕੀ ਧੁਨਿ॥		Raanae Kailaas Thathhaa Maaladhae Kee Dhhun ||	Sung To The Tune Of Rana Kailaash And Malda:	ਰਾਣੇ ਕੈਲਾਸ ਤੇ ਮਾਲਦੇ ਦੀ ਧੁਨ ਅਨੁਸਾਰ ਗਾਈ ਜਾਵੇ।
54885	1278	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
54886	1278	ਸਲੋਕ ਮਹਲਾ ੩॥		Salok Mehalaa 3 ||	Shalok, Third Mehl:	ਗੁਰੂ ਅਮਰਦਾਸ ਜੀ ਦੇ ਸਲੋਕ।
54887	1278	ਗੁਰਿ ਮਿਲਿਐ ਮਨੁ ਰਹਸੀਐ ਜਿਉ ਵੁਠੈ ਧਰਣਿ ਸੀਗਾਰੁ॥	ਵੁੱਠੈ	Gur Miliai Man Rehaseeai Jio Vuthai Dhharan Seegaar ||	Meeting with the Guru, the mind is delighted, like the earth embellished by the rain.	ਜੇ ਗੁਰੂ ਮਿਲ ਪਏ ਤਾਂ ਮਨ ਖਿੜ ਪੈਂਦਾ ਹੈ ਜਿਵੇਂ ਮੀਂਹ ਪਿਆਂ ਧਰਤੀ ਦੀ ਸਜਾਵਟ ਬਣ ਜਾਂਦੀ ਹੈ,
54888	1278	ਸਭ ਦਿਸੈ ਹਰੀਆਵਲੀ ਸਰ ਭਰੇ ਸੁਭਰ ਤਾਲ॥	ਹਰੀਆਵਲੀ: ਬਿਹਾਰੀ ਦੱਬ ਕੇ ਬੋਲੋ। ਸੁੱਭਰ	Sabh Dhisai Hareeaavalee Sar Bharae Subhar Thaal ||	Everything becomes green and lush; the pools and ponds are filled to overflowing.	ਸਾਰੀ (ਧਰਤੀ) ਹਰੀ ਹੀ ਹਰੀ ਦਿੱਸਦੀ ਹੈ ਸਰੋਵਰ ਤੇ ਤਲਾਬ ਨਕਾ ਨਕ ਪਾਣੀ ਨਾਲ ਭਰ ਜਾਂਦੇ ਹਨ।
54889	1278	ਅੰਦਰੁ ਰਚੈ ਸਚ ਰੰਗਿ ਜਿਉ ਮੰਜੀਠੈ ਲਾਲੁ॥	ਰਚੈ: ਪੋਲਾ ਬੋਲੋ	Andhar Rachai Sach Rang Jio Manjeethai Laal ||	The inner self is imbued with the deep crimson color of love for the True Lord.	(ਇਸੇ ਤਰ੍ਹਾਂ ਜਿਸ ਨੂੰ ਗੁਰੂ ਮਿਲਦਾ ਹੈ ਉਸ ਦਾ) ਮਨ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਪਿਆਰ ਵਿਚ ਰਚ ਜਾਂਦਾ ਹੈ ਤੇ ਮਜੀਠ ਵਾਂਗ ਰੱਤਾ (ਪੱਕੇ ਪਿਆਰ-ਰੰਗ ਵਾਲਾ ਹੋ) ਜਾਂਦਾ ਹੈ,

54890	1278	ਕਮਲੁ ਵਿਗਸੈ ਸਚੁ ਮਨਿ ਗੁਰ ਕੈ ਸਬਦਿ ਨਿਹਾਲੁ॥		Kamal Vigasai Sach Man Gur Kai Sabadh Nihaal ||	The heart-lotus blossoms forth and the mind becomes true; through the Word of the Guru's Shabad, it is ecstatic and exalted.	ਉਸ ਦਾ ਹਿਰਦਾ-ਕਉਲ ਖਿੜ ਪੈਂਦਾ ਹੈ, ਸੱਚਾ ਪ੍ਰਭੂ (ਉਸ ਦੇ) ਮਨ ਵਿਚ (ਆ ਵੱਸਦਾ ਹੈ) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹ ਸਦਾ ਪ੍ਰਸੰਨ ਰਹਿੰਦਾ ਹੈ।
54891	1279	ਮਨਮੁਖ ਦੂਜੀ ਤਰਫ ਹੈ ਵੇਖਹੁ ਨਦਰਿ ਨਿਹਾਲਿ॥		Manamukh Dhoojee Tharaf Hai Vaekhahu Nadhar Nihaal ||	The self-willed manmukh is on the wrong side. You can see this with your own eyes.	ਪਰ, ਗਹੁ ਨਾਲ ਤੱਕ ਕੇ ਵੇਖੋ, ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦਾ ਦੂਜਾ ਪਾਸਾ ਹੁੰਦਾ ਹੈ (ਭਾਵ, ਉਸ ਦੀ ਹਾਲਤ ਇਸ ਦੇ ਉਲਟ ਹੁੰਦੀ ਹੈ)।
54892	1279	ਫਾਹੀ ਫਾਥੇ ਮਿਰਗ ਜਿਉ ਸਿਰਿ ਦਿਸੈ ਜਮਕਾਲੁ॥	ਦਿਸੈ: ਪੋਲਾ ਬੋਲੋ	Faahee Faathhae Mirag Jio Sir Dheesai Jamakaal ||	He is caught in the trap like the deer; the Messenger of Death hovers over his head.	ਫਾਹੀ ਵਿਚ ਫਸੇ ਹਰਨ ਵਾਂਗ ਜਮਕਾਲ (ਭਾਵ, ਮੌਤ ਦਾ ਡਰ) ਸਦਾ ਉਸ ਦੇ ਸਿਰ ਉੱਤੇ (ਖੜਾ) ਦਿੱਸਦਾ ਹੈ; (ਆਤਮਕ ਮੌਤ ਉਸ ਉਤੇ ਆਪਣਾ ਜ਼ੋਰ ਪਾਈ ਰੱਖਦੀ ਹੈ)।
54893	1279	ਖੁਧਿਆ ਤ੍ਰਿਸਨਾ ਨਿੰਦਾ ਬੁਰੀ ਕਾਮੁ ਕ੍ਰੋਧੁ ਵਿਕਰਾਲੁ॥	ਖੁੱਧਿਆ	Khudhhiaa Thrisanaa Nindhaa Buree Kaam Krodhh Vikaraal ||	Hunger, thirst and slander are evil; sexual desire and anger are horrible.	(ਮਾਇਆ ਦੀ) ਚੰਦਰੀ ਭੁੱਖ ਤ੍ਰੇਹ ਤੇ ਨਿੰਦਿਆ, ਕਾਮ ਤੇ ਡਰਾਉਣਾ ਕ੍ਰੋਧ (ਉਸ ਨੂੰ ਸਦਾ ਸਤਾਂਦੇ ਹਨ,

54894	1279	ਏਨੀ ਅਖੀ ਨਦਰਿ ਨ ਆਵਈ ਜਿਚਰੁ ਸਬਦਿ ਨ ਕਰੇ ਬੀਚਾਰੁ॥	ਅੱਖੀਂ	Eaenee Akhee Nadhar N Aavee Jichar Sabadh N Karae Beechaar ||	These cannot be seen with your eyes, until you contemplate the Word of the Shabad.	ਪਰ ਇਹ ਹਾਲਤ ਉਸ ਨੂੰ) ਇਹਨਾਂ ਅੱਖਾਂ ਨਾਲ (ਤਦ ਤਕ) ਨਹੀਂ ਦਿੱਸਦੀ ਜਦ ਤਕ ਉਹ ਗੁਰ-ਸ਼ਬਦ ਵਿਚ ਵਿਚਾਰ ਨਹੀਂ ਕਰਦਾ।
54895	1279	ਤੁਧੁ ਭਾਵੈ ਸੰਤੋਖੀਆਂ ਚੂਕੈ ਆਲ ਜੰਜਾਲੁ॥		Thudhh Bhaavai Santhokheeaaan Chookai Aal Janjaal ||	Whoever is pleasing to You is content; all his entanglements are gone.	(ਹੇ ਪ੍ਰਭੂ!) ਜਦੋਂ ਤੈਨੂੰ ਭਾਵੇ ਤਾਂ (ਇਹ ਅੱਖਾਂ) ਸੰਤੋਖ ਵਿਚ ਆਉਂਦੀਆਂ ਹਨ (ਭਾਵ, ਖੁਧਿਆ ਤ੍ਰਿਸਨਾ ਮਿਟਦੀ ਹੈ) ਤੇ ਘਰ ਦਾ ਜੰਜਾਲ ਮੁੱਕਦਾ ਹੈ।
54896	1279	ਮੂਲੁ ਰਹੈ ਗੁਰੁ ਸੇਵਿਐ ਗੁਰ ਪਉੜੀ ਬੋਹਿਥੁ॥		Mool Rehai Gur Saeviai Gur Pourree Bohithh ||	Serving the Guru, his capital is preserved. The Guru is the ladder and the boat.	ਗੁਰੂ ਨੂੰ ਸੇਵਿਆਂ (ਭਾਵ, ਗੁਰੂ ਦੇ ਹੁਕਮ ਵਿਚ ਤੁਰਿਆਂ) ਜੀਵ ਦੀ ਨਾਮ-ਰੂਪ ਰਾਸ ਬਚੀ ਰਹਿੰਦੀ ਹੈ, ਗੁਰੂ ਦੀ ਪਉੜੀ (ਭਾਵ, ਸਿਮਰਨ) ਦੀ ਰਾਹੀਂ (ਨਾਮ-ਰੂਪੀ) ਜਹਾਜ਼ ਪ੍ਰਾਪਤ ਹੋ ਜਾਂਦਾ ਹੈ।
54897	1279	ਨਾਨਕ ਲਗੀ ਤਤੁ ਲੈ ਤੂੰ ਸਚਾ ਮਨਿ ਸਚੁ॥੧॥		Naanak Lagee Thath Lai Thoon Sachaa Man Sach ||1||	O Nanak, whoever is attached to the Lord receives the essence; O True Lord, You are found when the mind is true. ||1||	ਹੇ ਨਾਨਕ! ਜੋ ਜੀਵ-ਇਸਤ੍ਰੀ (ਇਸ ਸਿਮਰਨ-ਰੂਪ ਗੁਰ-ਪਉੜੀ ਨੂੰ) ਸੰਭਾਲਦੀ ਹੈ ਉਹ ਅਸਲੀਅਤ ਲੱਭ ਲੈਂਦੀ ਹੈ। ਹੇ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਉਸ ਦੇ ਮਨ ਵਿਚ ਸਦਾ ਲਈ ਆ ਵੱਸਦਾ ਹੈਂ ॥੧॥
54898	1279	ਮਹਲਾ ੧॥		Mehalaa 1 ||	First Mehl:	

54899	1279	ਹੇਕੋ ਪਾਧਰੁ ਹੇਕੁ ਦਰੁ ਗੁਰ ਪਉੜੀ ਨਿਜ ਥਾਨੁ॥		Haeko Paadhhar Haek Dhar Gur Pourree Nij Thhaan ||	There is one path and one door. The Guru is the ladder to reach one's own place.	ਹੇ ਨਾਨਕ! (ਇਕ ਪ੍ਰਭੂ ਹੀ) ਸੋਹਣਾ ਪਾਲਣਹਾਰ ਖਸਮ ਹੈ (ਉਸ ਪ੍ਰਭੂ ਦਾ ਹੀ) ਇਕ ਦਰ (ਜੀਵ ਦਾ) ਨਿਰੋਲ ਆਪਣਾ ਥਾਂ ਹੈ (ਜਿੱਥੋਂ ਕਦੇ ਕਿਸੇ ਨੇ ਦੁਰਕਾਰਨਾ ਨਹੀਂ, ਇਸ 'ਦਰ' ਤਕ ਅੱਪੜਨ ਲਈ) ਗੁਰੂ ਦੀ ਪਉੜੀ (ਭਾਵ, ਸਿਮਰਨ ਹੀ) ਇਕੋ ਸਿੱਧਾ ਰਸਤਾ ਹੈ,
54900	1279	ਰੂੜਉ ਠਾਕੁਰੁ ਨਾਨਕਾ ਸਭਿ ਸੁਖ ਸਾਚਉ ਨਾਮੁ॥੨॥		Roorro Thaakur Naanakaa Sabh Sukh Saacho Naam ||2||	Our Lord and Master is so beautiful, O Nanak; all comfort and peace are in the Name of the True Lord. ||2||	(ਪ੍ਰਭੂ ਦਾ) ਸੱਚਾ ਨਾਮ (ਸਿਮਰਨਾ) ਹੀ ਸਾਰੇ ਸੁਖਾਂ (ਦਾ ਮੂਲ) ਹੈ ॥੨॥
54901	1279	ਪਉੜੀ॥		Pourree ||	Pauree:	
54902	1279	ਆਪੀਨ੍ਹੈ ਆਪੁ ਸਾਜਿ ਆਪੁ ਪਛਾਣਿਆ॥		Aapeenhai Aap Saaj Aap Pashhaaniaa ||	He Himself created Himself; He Himself understands Himself.	(ਪ੍ਰਭੂ ਨੇ) ਆਪ ਹੀ ਆਪਣੇ ਆਪ ਨੂੰ ਪਰਗਟ ਕਰ ਕੇ ਆਪਣਾ ਅਸਲਾ ਸਮਝਿਆ ਹੈ,
54903	1279	ਅੰਬਰੁ ਧਰਤਿ ਵਿਛੋੜਿ ਚੰਦੋਆ ਤਾਣਿਆ॥		Anbar Dhharath Vishhorr Chandhoaa Thaaniaa ||	Separating the sky and the earth, He has spread out His canopy.	ਆਕਾਸ਼ ਤੇ ਧਰਤੀ ਨੂੰ ਵਖੋ-ਵਖ ਕਰ ਕੇ (ਇਹ ਆਕਾਸ਼ ਉਸ ਨੇ ਮਾਨੋ, ਆਪਣੇ ਤਖ਼ਤ ਉਤੇ) ਚੰਦੋਆ ਤਾਣਿਆ ਹੋਇਆ ਹੈ;

54904	1279	ਵਿਣੁ ਥੰਮ੍ਹਾ ਗਗਨੁ ਰਹਾਇ ਸਬਦੁ ਨੀਸਾਣਿਆ॥		Vin Thhanmhaa Gagan Rehaae Sabadh Neesaaniaa ||	Without any pillars, He supports the sky, through the insignia of His Shabad.	(ਸਾਰੇ ਜਗਤ-ਰੂਪ ਦਰਬਾਰ ਉਤੇ) ਆਕਾਸ਼ ਨੂੰ ਥੰਮ੍ਹਾਂ ਤੋਂ ਬਿਨਾ ਟਿਕਾ ਕੇ ਆਪਣੇ ਹੁਕਮ ਨੂੰ ਨਗਾਰਾ ਬਣਾਇਆ ਹੈਂ;
54905	1279	ਸੂਰਜੁ ਚੰਦੁ ਉਪਾਇ ਜੋਤਿ ਸਮਾਣਿਆ॥		Sooraj Chandh Oupaae Joth Samaaniaa ||	Creating the sun and the moon, He infused His Light into them.	ਸੂਰਜ ਅਤੇ ਚੰਦ੍ਰਮਾ ਬਣਾ ਕੇ (ਉਨ੍ਹਾਂ ਵਿਚ ਆਪਣੀ) ਜੋਤਿ ਟਿਕਾਈ ਹੈ;
54906	1279	ਕੀਏ ਰਾਤਿ ਦਿਨੰਤੁ ਚੋਜ ਵਿਡਾਣਿਆ॥		Keeeae Raath Dhinanth Choj Viddaaniaa ||	He created the night and the day; Wondrous are His miraculous plays.	(ਜੀਵਾਂ ਦੇ ਵਿਹਾਰ-ਕਾਰ ਲਈ) ਰਾਤ ਤੇ ਦਿਨ (-ਰੂਪ) ਅਚਰਜ ਤਮਾਸ਼ੇ ਬਣਾ ਦਿੱਤੇ ਹਨ।
54907	1279	ਤੀਰਥ ਧਰਮ ਵੀਚਾਰ ਨਾਵਣ ਪੁਰਬਾਣਿਆ॥	ਨ੍ਹਾਵਣ	Theerathh Dhharam Veechaar Naavan Purabaaniaa ||	He created the sacred shrines of pilgrimage, where people contemplate righteousness and Dharma, and take cleansing baths on special occasions.	ਪੁਰਬਾਂ ਸਮੇ ਤੀਰਥਾਂ ਉਤੇ ਨ੍ਹਾਉਣ ਆਦਿਕ ਧਰਮਾਂ ਦੇ ਖ਼ਿਆਲ (ਭੀ ਪ੍ਰਭੂ ਨੇ ਆਪ ਹੀ ਜੀਵਾਂ ਦੇ ਅੰਦਰ ਪੈਦਾ ਕੀਤੇ ਹਨ)।
54908	1279	ਤੁਧੁ ਸਰਿ ਅਵਰੁ ਨ ਕੋਇ ਕਿ ਆਖਿ ਵਖਾਣਿਆ॥		Thudhh Sar Avar N Koe K Aakh Vakhaaniaa ||	There is no other equal to You; how can we speak and describe You?	(ਹੇ ਪ੍ਰਭੂ!) (ਤੇਰੀ ਇਸ ਅਸਰਜ ਖੇਡ ਦਾ) ਕੀਹ ਬਿਆਨ ਕਰੀਏ? ਤੇਰੇ ਵਰਗਾ ਹੋਰ ਕੋਈ ਨਹੀਂ ਹੈ;

54909	1279	ਸਚੈ ਤਖਤਿ ਨਿਵਾਸੁ ਹੋਰ ਆਵਣ ਜਾਣਿਆ॥੧॥		Sachai Thakhath Nivaas Hor Aavan Jaaniaa ||1||	You are seated on the throne of Truth; all others come and go in reincarnation. ||1||	ਤੂੰ ਤਾਂ ਸਦਾ ਕਾਇਮ ਰਹਿਣ ਵਾਲੇ ਤਖ਼ਤ ਉਤੇ ਬੈਠਾ ਹੈਂ ਤੇ ਹੋਰ (ਸ੍ਰਿਸ਼ਟੀ) ਜੰਮਦੀ ਹੈ (ਪੈਦਾ ਹੁੰਦੀ ਹੈ ਤੇ ਨਾਸ ਹੁੰਦੀ ਹੈ) ॥੧॥
54910	1279	ਸਲੋਕ ਮਃ ੧॥		Salok Ma 1 ||	Shalok, First Mehl:	
54911	1279	ਨਾਨਕ ਸਾਵਣਿ ਜੇ ਵਸੈ ਚਹੁ ਓਮਾਹਾ ਹੋਇ॥		Naanak Saavan Jae Vasai Chahu Oumaahaa Hoe ||	O Nanak, when it rains in the month of Saawan, four are delighted:	ਹੇ ਨਾਨਕ! ਜੇ ਸਾਵਣ ਦੇ ਮਹੀਨੇ ਮੀਂਹ ਪਏ ਤਾਂ ਚਾਰ ਧਿਰਾਂ ਨੂੰ ਚਾਉ ਹੁੰਦਾ ਹੈ,
54912	1279	ਨਾਗਾਂ ਮਿਰਗਾਂ ਮਛੀਆਂ ਰਸੀਆਂ ਘਰਿ ਧਨੁ ਹੋਇ॥੧॥		Naagaan Miragaan Mashheeaaan Raseeaaan Ghar Dhhan Hoe ||1||	The snake, the deer, the fish and the wealthy people who seek pleasure. ||1||	ਸੱਪਾਂ ਨੂੰ ਹਰਨਾਂ ਨੂੰ, ਮੱਛੀਆਂ ਨੂੰ ਤੇ ਰਸਾਂ ਦੇ ਆਸ਼ਕਾਂ ਨੂੰ ਜਿਨ੍ਹਾਂ ਦੇ ਘਰ ਵਿਚ (ਰਸ ਮਾਨਣ ਲਈ) ਧਨ ਹੋਵੇ ॥੧॥
54913	1279	ਮਃ ੧॥		Ma 1 ||	First Mehl:	
54914	1279	ਨਾਨਕ ਸਾਵਣਿ ਜੇ ਵਸੈ ਚਹੁ ਵੇਛੋੜਾ ਹੋਇ॥		Naanak Saavan Jae Vasai Chahu Vaeshhorraa Hoe ||	O Nanak, when it rains in the month of Saawan, four suffer the pains of separation:	ਹੇ ਨਾਨਕ! ਸਾਵਣ ਵਿਚ ਜੇ ਮੀਂਹ ਪਏ ਤਾਂ ਚਾਰ ਧਿਰਾਂ ਨੂੰ (ਉਮਾਹ ਤੋਂ) ਵਿਛੋੜਾ (ਭੀ, ਭਾਵ, ਦੁੱਖ ਭੀ) ਹੁੰਦਾ ਹੈ,

54915	1279	ਗਾਈ ਪੁਤਾ ਨਿਰਧਨਾ ਪੰਥੀ ਚਾਕਰੁ ਹੋਇ॥੨॥	ਗਾਈਂ। ਪੁੱਤਾਂ	Gaaee Puthaa Niradhhanaa Panthhee Chaakar Hoe ||2||	The cow's calves, the poor, the travellers and the servants. ||2||	ਬਲਦਾਂ ਨੂੰ (ਕਿਉਂਕਿ ਮੀਂਹ ਪਿਆਂ ਇਹ ਹਲੀਂ ਜੋਏ ਜਾਂਦੇ ਹਨ), ਗਰੀਬਾਂ ਨੂੰ (ਜਿਨ੍ਹਾਂ ਦੀ ਮੇਹਨਤਿ-ਮਜ਼ੂਰੀ ਵਿਚ ਰੋਕ ਪੈਂਦੀ ਹੈ), ਰਾਹੀਆਂ ਨੂੰ ਤੇ ਨੌਕਰ ਸ਼ਖ਼ਸ਼ ਨੂੰ ॥੨॥
54916	1279	ਪਉੜੀ॥		Pourree ||	Pauree:	
54917	1279	ਤੂ ਸਚਾ ਸਚਿਆਰੁ ਜਿਨਿ ਸਚੁ ਵਰਤਾਇਆ॥		Thoo Sachaa Sachiaar Jin Sach Varathaaeiaa ||	You are True, O True Lord; You dispense True Justice.	(ਹੇ ਪ੍ਰਭੂ!) ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ ਐਸੀ ਹਸਤੀ ਦਾ ਮਾਲਕ (ਸਚਿਆਰੁ) ਹੈਂ ਕਿ ਜਿਸ ਨੇ (ਆਪਣੀ ਇਹ) ਹਸਤੀ (ਹਰ ਥਾਂ) ਵਰਤਾਈ ਹੋਈ ਹੈ;
54918	1279	ਬੈਠਾ ਤਾੜੀ ਲਾਇ ਕਵਲੁ ਛਪਾਇਆ॥		Baithaa Thaarree Laae Kaval Shhapaaeiaa ||	Like a lotus, You sit in the primal celestial trance; You are hidden from view.	ਅਜੇ ਸ੍ਰਿਸ਼ਟੀ ਦੀ ਉਤਪੱਤੀ ਨਹੀਂ ਸੀ ਹੋਈ ਜਦੋਂ ਤੂੰ (ਆਪਣੇ ਆਪ ਵਿਚ) ਸਮਾਧੀ ਲਾਈ ਬੈਠਾ ਸੈਂ,
54919	1279	ਬ੍ਰਹਮੈ ਵਡਾ ਕਹਾਇ ਅੰਤੁ ਨ ਪਾਇਆ॥		Brehamai Vaddaa Kehaae Anth N Paaeiaa ||	Brahma is called great, but even he does not know Your limits.	ਬ੍ਰਹਮਾ ਨੇ (ਭੀ ਜੋ ਜਗਤ ਦਾ ਰਚਣ ਵਾਲਾ ਮੰਨਿਆ ਜਾਂਦਾ ਹੈ ਇਹ ਭੇਤ ਨਾਹ ਸਮਝਿਆ ਤੇ ਆਪਣੇ ਆਪ ਨੂੰ ਹੀ ਸਭ ਤੋਂ) ਵੱਡਾ ਅਖਵਾਇਆ, ਉਸ ਨੂੰ ਤੇਰੀ ਸਾਰ ਨਾਹ ਆਈ।
54920	1279	ਨਾ ਤਿਸੁ ਬਾਪੁ ਨ ਮਾਇ ਕਿਨਿ ਤੂ ਜਾਇਆ॥		Naa This Baap N Maae Kin Thoo Jaaeiaa ||	You have no father or mother; who gave birth to You?	(ਹੇ ਪ੍ਰਭੂ!) ਕਿਸ ਨੇ ਤੈਨੂੰ ਪੈਦਾ ਕੀਤਾ ਹੈ? (ਭਾਵ, ਤੈਨੂੰ ਜਨਮ ਦੇਣ ਵਾਲਾ ਕੋਈ ਨਹੀਂ ਹੈ)। ਉਸ (ਪ੍ਰਭੂ) ਦਾ ਨਾ ਕੋਈ ਪਿਉ ਹੈ ਨਾ ਮਾਂ;

54921	1279	ਨਾ ਤਿਸੁ ਰੂਪੁ ਨ ਰੇਖ ਵਰਨ ਸਬਾਇਆ॥		Naa This Roop N Raekh Varan Sabaaeiaa ||	You have no form or feature; You transcend all social classes.	ਨਾਹ ਉਸ ਦਾ ਕੋਈ (ਖ਼ਾਸ) ਸਰੂਪ ਹੈ ਨਾਹ ਨਿਸ਼ਾਨ; ਸਾਰੇ ਰੂਪ ਰੰਗ ਉਸ ਦੇ ਹਨ;
54922	1279	ਨਾ ਤਿਸੁ ਭੁਖ ਪਿਆਸ ਰਜਾ ਧਾਇਆ॥	ਰੱਜਾ	Naa This Bhukh Piaas Rajaa Dhhaaeiaa ||	You have no hunger or thirst; You are satisfied and satiated.	ਉਸ ਨੂੰ ਕੋਈ ਭੁੱਖ ਤ੍ਰੇਹ ਭੀ ਨਹੀਂ ਹੈ, ਰੱਜਿਆ ਪੁੱਜਿਆ ਹੋਇਆ ਹੈ।
54923	1279	ਗੁਰ ਮਹਿ ਆਪੁ ਸਮੋਇ ਸਬਦੁ ਵਰਤਾਇਆ॥		Gur Mehi Aap Samoe Sabadh Varathaaeiaa ||	You have merged Yourself into the Guru; You are pervading through the Word of Your Shabad.	ਪ੍ਰਭੂ ਆਪਣੇ ਆਪ ਨੂੰ ਗੁਰੂ ਵਿਚ ਲੀਨ ਕਰ ਕੇ (ਆਪਣਾ) ਸ਼ਬਦ (ਭਾਵ, ਸਨੇਹਾ) (ਸਾਰੇ ਜਗਤ ਵਿਚ) ਵੰਡ ਰਿਹਾ ਹੈ,
54924	1279	ਸਚੇ ਹੀ ਪਤੀਆਇ ਸਚਿ ਸਮਾਇਆ॥੨॥	ਪਤੀ-ਆਇ	Sachae Hee Patheeaae Sach Samaaeiaa ||2||	When he is pleasing to the True Lord, the mortal merges in Truth. ||2||	ਤੇ ਗੁਰੂ ਇਸ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਪਤੀਜ ਕੇ ਸਦਾ-ਥਿਰ ਪ੍ਰਭੂ ਵਿਚ ਹੀ ਜੁੜਿਆ ਰਹਿੰਦਾ ਹੈ ॥੨॥
54925	1279	ਸਲੋਕ ਮਃ ੧॥		Salok Ma 1 ||	Shalok, First Mehl:	
54926	1279	ਵੈਦੁ ਬੁਲਾਇਆ ਵੈਦਗੀ ਪਕੜਿ ਢੰਢੋਲੇ ਬਾਂਹ॥		Vaidh Bulaaeiaa Vaidhagee Pakarr Dtandtolae Baanh ||	The physician was called in; he touched my arm and felt my pulse.	ਹਕੀਮ (ਮਰੀਜ਼ ਨੂੰ) ਦਵਾਈ ਦੇਣ ਲਈ ਸੱਦਿਆ ਜਾਂਦਾ ਹੈ, ਉਹ (ਮਰੀਜ਼ ਦੀ) ਬਾਂਹ ਫੜ ਕੇ (ਨਾੜੀ) ਟੋਲਦਾ ਹੈ (ਤੇ ਮਰਜ਼ ਲੱਭਣ ਦਾ ਜਤਨ ਕਰਦਾ ਹੈ;

54927	1279	ਭੋਲਾ ਵੈਦੁ ਨ ਜਾਣਈ ਕਰਕ ਕਲੇਜੇ ਮਾਹਿ॥੧॥		Bholaa Vaidh N Jaanee Karak Kalaejae Maahi ||1||	The foolish physician did not know that the pain was in the mind. ||1||	ਪਰ) ਅੰਞਾਣ ਹਕੀਮ ਇਹ ਨਹੀਂ ਜਾਣਦਾ ਕਿ (ਪ੍ਰਭੂ ਤੋਂ ਵਿਛੋੜੇ ਦੀ) ਪੀੜ (ਬਿਰਹੀ ਬੰਦਿਆਂ ਦੇ) ਦਿਲ ਵਿਚ ਹੋਇਆ ਕਰਦੀ ਹੈ ॥੧॥
54928	1279	ਮਃ ੨॥		Ma 2 ||	Second Mehl:	
54929	1279	ਵੈਦਾ ਵੈਦੁ ਸੁਵੈਦੁ ਤੂ ਪਹਿਲਾਂ ਰੋਗੁ ਪਛਾਣੁ॥		Vaidhaa Vaidh Suvaidh Thoo Pehilaan Rog Pashhaan ||	O physician, you are a competent physician, if you first diagnose the disease.	ਹੇ ਵੈਦ! ਪਹਿਲਾਂ (ਆਪਣਾ ਹੀ ਆਤਮਕ) ਰੋਗ ਲੱਭ, (ਤਾਂ ਹੀ) ਤੂੰ ਹਕੀਮਾਂ ਦਾ ਹਕੀਮ ਹੈਂ (ਸਭ ਤੋਂ ਵਧੀਆ ਹਕੀਮ ਹੈਂ) (ਤਾਂ ਹੀ) ਤੂੰ ਸਿਆਣਾ ਵੈਦ (ਅਖਵਾ ਸਕਦਾ) ਹੈਂ।
54930	1279	ਐਸਾ ਦਾਰੂ ਲੋੜਿ ਲਹੁ ਜਿਤੁ ਵੰਞੈ ਰੋਗਾ ਘਾਣਿ॥		Aisaa Dhaaroo Lorr Lahu Jith Vannjai Rogaa Ghaan ||	Prescribe such a remedy, by which all sorts of illnesses may be cured.	(ਉਸ ਰੋਗ ਦੀ) ਅਜੇਹੀ ਦਵਾਈ ਭਾਲ ਲੈ ਜਿਸ ਨਾਲ ਸਾਰੇ (ਆਤਮਕ) ਰੋਗ ਦੂਰ ਹੋ ਜਾਣ,
54931	1279	ਜਿਤੁ ਦਾਰੂ ਰੋਗ ਉਠਿਅਹਿ ਤਨਿ ਸੁਖੁ ਵਸੈ ਆਇ॥	ਉੱਠਿਅਹਿ	Jith Dhaaroo Rog Outhiahi Than Sukh Vasai Aae ||	Administer that medicine, which will cure the disease, and allow peace to come and dwell in the body.	ਜਿਸ ਦਵਾਈ ਨਾਲ (ਸਾਰੇ) ਰੋਗ ਉਠਾਏ ਜਾ ਸਕਣ ਤੇ ਸਰੀਰ ਵਿਚ ਸੁਖ ਆ ਵੱਸੇ।
54932	1279	ਰੋਗੁ ਗਵਾਇਹਿ ਆਪਣਾ ਤ ਨਾਨਕ ਵੈਦੁ ਸਦਾਇ॥੨॥		Rog Gavaaeihi Aapanaa Th Naanak Vaidh Sadhaae ||2||	Only when you are rid of your own disease, O Nanak, will you be known as a physician. ||2||	ਹੇ ਨਾਨਕ! ਜੇ ਤੂੰ (ਪਹਿਲਾਂ) ਆਪਣਾ ਰੋਗ ਦੂਰ ਕਰ ਲਏਂ ਤਾਂ (ਆਪਣੇ ਆਪ ਨੂੰ) ਹਕੀਮ ਅਖਵਾ (ਅਖਵਾਣ ਦਾ ਹੱਕਦਾਰ ਹੈਂ) ॥੨॥

54933	1279	ਪਉੜੀ॥		Pourree ||	Pauree:	
54934	1279	ਬ੍ਰਹਮਾ ਬਿਸਨੁ ਮਹੇਸੁ ਦੇਵ ਉਪਾਇਆ॥		Brehamaa Bisan Mehaes Dhaev Oupaaeiaa ||	Brahma, Vishnu, Shiva and the deities were created.	(ਪਰਮਾਤਮਾ ਨੇ ਆਪ ਹੀ) ਬ੍ਰਹਮਾ ਵਿਸ਼ਨੂ ਤੇ ਸ਼ਿਵ-(ਇਹ ਤਿੰਨ) ਦੇਵਤੇ ਪੈਦਾ ਕੀਤੇ।
54935	1279	ਬ੍ਰਹਮੇ ਦਿਤੇ ਬੇਦ ਪੂਜਾ ਲਾਇਆ॥		Brehamae Dhithae Baedh Poojaa Laaeiaa ||	Brahma was given the Vedas, and enjoined to worship God.	ਬ੍ਰਹਮਾ ਨੂੰ ਉਸ ਨੇ ਵੇਦ ਦੇ ਦਿੱਤੇ (ਭਾਵ ਵੇਦਾਂ ਦਾ ਕਰਤਾ ਬਣਾਇਆ ਤੇ ਲੋਕਾਂ ਪਾਸੋਂ ਇਹਨਾਂ ਦੀ ਦੱਸੀ) ਪੂਜਾ ਕਰਾਣ ਵਿਚ ਇਸ ਨੂੰ ਰੁੰਨ੍ਹ ਦਿੱਤਾ।
54936	1279	ਦਸ ਅਵਤਾਰੀ ਰਾਮੁ ਰਾਜਾ ਆਇਆ॥		Dhas Avathaaree Raam Raajaa Aaeiaa ||	The ten incarnations, and Rama the king, came into being.	(ਵਿਸ਼ਨੂ) ਦਸ ਅਵਤਾਰਾਂ ਵਿਚ ਰਾਜਾ ਰਾਮ (ਆਦਿਕ) ਰੂਪ ਧਾਰਦਾ ਰਿਹਾ,
54937	1279	ਦੈਤਾ ਮਾਰੇ ਧਾਇ ਹੁਕਮਿ ਸਬਾਇਆ॥	ਦੈਂਤਾਂ	Dhaithaa Maarae Dhhaae Hukam Sabaaeiaa ||	According to His Will, they quickly killed all the demons.	ਤੇ ਹੱਲੇ ਕਰ ਕਰ ਦੈਤਾਂ ਨੂੰ ਮਾਰਦਾ ਰਿਹਾ (ਪਰ ਇਹ) ਸਾਰੇ (ਅਵਤਾਰ ਪ੍ਰਭੂ ਦੇ ਹੀ) ਹੁਕਮ ਵਿਚ ਹੋਏ।
54938	1279	ਈਸ ਮਹੇਸੁਰੁ ਸੇਵ ਤਿਨੀ ਅੰਤੁ ਨ ਪਾਇਆ॥		Ees Mehaesur Saev Thinhee Anth N Paaeiaa ||	Shiva serves Him, but cannot find His limits.	ਸ਼ਿਵ (ਦੇ ੧੧ ਰੁੱਦ੍ਰ) ਅਵਤਾਰਾਂ ਨੇ ਸੇਵਾ ਕੀਤੀ (ਭਾਵ, ਤਪ ਸਾਧੇ, ਪਰ ਉਹਨਾਂ ਭੀ ਪ੍ਰਭੂ ਦਾ) ਅੰਤ ਨ ਪਾਇਆ।

54939	1279	ਸਚੀ ਕੀਮਤਿ ਪਾਇ ਤਖਤੁ ਰਚਾਇਆ॥		Sachee Keemath Paae Thakhath Rachaaeiaa ||	He established His throne on the principles of Truth.	(ਪ੍ਰਭੂ ਨੇ) ਸਦਾ ਅਟੱਲ ਰਹਿਣ ਵਾਲੇ ਮੁੱਲ ਵਾਲੀ (ਆਪਣੀ ਸੱਤਿਆ) ਪਾ ਕੇ (ਇਹ ਜਗਤ, ਮਾਨੋ, ਆਪਣਾ) ਤਖ਼ਤ ਬਣਾਇਆ ਹੈ,
54940	1279	ਦੁਨੀਆ ਧੰਧੈ ਲਾਇ ਆਪੁ ਛਪਾਇਆ॥		Dhuneeaa Dhhandhhai Laae Aap Shhapaaeiaa ||	He enjoined all the world to its tasks, while He keeps Himself hidden from view.	ਇਸ ਵਿਚ ਦੁਨੀਆ (ਦੇ ਜੀਵਾਂ) ਨੂੰ ਧੰਧੇ ਵਿਚ ਰੁੰਨ੍ਹ ਕੇ (ਪ੍ਰਭੂ ਨੇ) ਆਪਣੇ ਆਪ ਨੂੰ ਲੁਕਾ ਰੱਖਿਆ ਹੈ।
54941	1280	ਧਰਮੁ ਕਰਾਏ ਕਰਮ ਧੁਰਹੁ ਫੁਰਮਾਇਆ॥੩॥		Dhharam Karaaeae Karam Dhhurahu Furamaaeiaa ||3||	The Primal Lord has ordained that mortals must practice righteousness. ||3||	(ਇਹ ਭੀ) ਧੁਰੋਂ (ਪ੍ਰਭੂ ਦਾ ਹੀ) ਫੁਰਮਾਨ ਹੈ ਕਿ ਧਰਮ ਰਾਜ (ਜੀਵਾਂ ਤੋਂ ਚੰਗੇ ਮੰਦੇ) ਕੰਮ ਕਰਾ ਰਿਹਾ ਹੈ ॥੩॥
54942	1280	ਸਲੋਕ ਮਃ ੨॥		Salok Ma 2 ||	Shalok, Second Mehl:	
54943	1280	ਸਾਵਣੁ ਆਇਆ ਹੇ ਸਖੀ ਕੰਤੈ ਚਿਤਿ ਕਰੇਹੁ॥		Saavan Aaeiaa Hae Sakhee Kanthai Chith Karaehu ||	The month of Saawan has come, O my companions; think of your Husband Lord.	ਹੇ ਸਖੀ! ਸਾਵਣ (ਦਾ ਮਹੀਨਾ) ਆਇਆ ਹੈ (ਭਾਵ, ਗੁਰੂ ਵਲੋਂ ਨਾਮ-ਅੰਮ੍ਰਿਤ ਦੀ ਵਰਖਾ ਹੋ ਰਹੀ ਹੈ) ਖਸਮ (-ਪ੍ਰਭੂ) ਨੂੰ ਹਿਰਦੇ ਵਿਚ ਪ੍ਰੋ ਲਉ।
54944	1280	ਨਾਨਕ ਝੂਰਿ ਮਰਹਿ ਦੋਹਾਗਣੀ ਜਿਨ੍ਹ ਅਵਰੀ ਲਾਗਾ ਨੇਹੁ॥੧॥		Naanak Jhoor Marehi Dhohaaganee Jinh Avaree Laagaa Naehu ||1||	O Nanak, the discarded bride is in love with another; now she weeps and wails, and dies. ||1||	ਹੇ ਨਾਨਕ! ਜਿਨ੍ਹਾਂ (ਜੀਵ-ਇਸਤਰੀਆਂ) ਦਾ ਪਿਆਰ (ਪ੍ਰਭੂ-ਪਤੀ ਨੂੰ ਛੱਡ ਕੇ) ਹੋਰਨਾਂ ਨਾਲ ਹੈ ਉਹ ਮੰਦ-ਭਾਗਣਾਂ ਦੁਖੀ ਹੁੰਦੀਆਂ ਹਨ ॥੧॥
54945	1280	ਮਃ ੨॥		Ma 2 ||	Second Mehl:	

54946	1280	ਸਾਵਣੁ ਆਇਆ ਹੇ ਸਖੀ ਜਲਹਰੁ ਬਰਸਨਹਾਰੁ॥	ਬਰਸਨ-ਹਾਰੁ	Saavan Aaeiaa Hae Sakhee Jalehar Barasanehaar ||	The month of Saawan has come, O my companions; the clouds have burst forth with rain.	ਹੇ ਸਖੀ! ਸਾਵਣ (ਭਾਵ 'ਨਾਮ' ਦੀ ਵਰਖਾ ਦਾ ਸਮਾ) ਆਇਆ ਹੈ, ਬੱਦਲ ਵਰ੍ਹਾਉ ਹੋ ਗਿਆ ਹੈ (ਭਾਵ, ਗੁਰੂ ਮੇਹਰ ਕਰ ਰਿਹਾ ਹੈ)।
54947	1280	ਨਾਨਕ ਸੁਖਿ ਸਵਨੁ ਸੋਹਾਗਣੀ ਜਿਨ੍ ਸਹ ਨਾਲਿ ਪਿਆਰੁ॥੨॥		Naanak Sukh Savan Sohaaganee Jinh Seh Naal Piaar ||2||	O Nanak, the blessed soul-brides sleep in peace; they are in love with their Husband Lord. ||2||	ਹੇ ਨਾਨਕ! (ਇਸ ਸੁਹਾਵਣੇ ਸਮੇ) ਜਿਨ੍ਹਾਂ (ਜੀਵ-ਇਸਤ੍ਰੀਆਂ ਦਾ) ਖਸਮ (-ਪ੍ਰਭੂ) ਨਾਲ ਪਿਆਰ ਬਣਿਆ ਹੈ ਉਹ ਭਾਗਾਂ ਵਾਲੀਆਂ ਪਈਆਂ ਸੁਖ ਨਾਲ ਸਉਣ (ਭਾਵ, ਸੁਖੀ ਜੀਵਨ ਬਿਤੀਤ ਕਰਨ) ॥੨॥
54948	1280	ਪਉੜੀ॥		Pourree ||	Pauree:	
54949	1280	ਆਪੇ ਛਿੰਝ ਪਵਾਇ ਮਲਾ ਖਾੜਾ ਰਚਿਆ॥	ਮੱਲਾਂ	Aapae Shhinjh Pavaae Malaakhaarraa Rachiaa ||	He Himself has staged the tournament, and arranged the arena for the wrestlers.	(ਪ੍ਰਭੂ ਨੇ) ਆਪ ਹੀ ਛਿੰਞ ਪਵਾ ਕੇ (ਭਾਵ ਜਗਤ-ਰਚਨਾ ਕਰ ਕੇ) (ਇਹ ਜਗਤ, ਮਾਨੋ) ਭਲਵਾਨਾਂ ਦੇ ਘੁਲਣ ਦਾ ਥਾਂ ਬਣਾਇਆ ਹੈ;
54950	1280	ਲਥੇ ਭੜਥੂ ਪਾਇ ਗੁਰਮੁਖਿ ਮਚਿਆ॥	ਲੱਥੇ। ਮੱਚਿਆ	Lathhae Bharrathhoo Paae Guramukh Machiaa ||	They have entered the arena with pomp and ceremony; the Gurmukhs are joyful.	(ਜੀਵ-ਰੂਪ ਭਲਵਾਨ) ਰੌਲਾ ਪਾ ਕੇ (ਇਥੇ) ਆ ਉਤਰੇ ਹਨ (ਭਾਵ, ਬੇਅੰਤ ਜੀਵ ਦਬਾਦਬ ਜਗਤ ਵਿਚ ਜਨਮ ਲੈ ਕੇ ਤੁਰੇ ਆ ਰਹੇ ਹਨ)। (ਇਹਨਾਂ ਵਿਚੋਂ) ਉਹ ਮਨੁੱਖ ਜੋ ਗੁਰੂ ਦੇ ਸਨਮੁਖ ਹਨ ਚੜ੍ਹਦੀ ਕਲਾ ਵਿਚ ਹਨ,

54951	1280	ਮਨਮੁਖ ਮਾਰੇ ਪਛਾੜਿ ਮੂਰਖ ਕਚਿਆ॥	ਕੱਚਿਆ	Manamukh Maarae Pashhaarr Moorakh Kachiaa ||	The false and foolish self-willed manmukhs are defeated and overcome.	(ਪਰ) ਮਨ ਦੇ ਪਿੱਛੇ ਤੁਰਨ ਵਾਲੇ ਕੱਚੇ ਮੂਰਖਾਂ ਨੂੰ ਪਟਕਾ ਕੇ (ਭਾਵ ਮੂੰਹ-ਭਾਰ) ਮਾਰਦਾ ਹੈ;
54952	1280	ਆਪਿ ਭਿੜੈ ਮਾਰੇ ਆਪਿ ਆਪਿ ਕਾਰਜੁ ਰਚਿਆ॥		Aap Bhirrai Maarae Aap Aap Kaaraj Rachiaa ||	The Lord Himself wrestles, and He Himself defeats them. He Himself staged this play.	(ਜੀਵਾਂ ਵਿਚ ਵਿਆਪਕ ਹੋ ਕੇ) ਪ੍ਰਭੂ ਆਪ ਹੀ ਲੜ ਰਿਹਾ ਹੈ, ਆਪ ਹੀ ਮਾਰ ਰਿਹਾ ਹੈ ਉਸ ਨੇ ਆਪ ਹੀ (ਇਹ ਛਿੰਞ ਦਾ) ਕਾਰਜ ਰਚਿਆ ਹੈ।
54953	1280	ਸਭਨਾ ਖਸਮੁ ਏਕੁ ਹੈ ਗੁਰਮੁਖਿ ਜਾਣੀਐ॥		Sabhanaa Khasam Eaek Hai Guramukh Jaaneeai ||	The One God is the Lord and Master of all; this is known by the Gurmukhs.	ਸਭਨਾਂ ਜੀਵਾਂ ਦਾ ਮਾਲਕ ਇਕ ਪ੍ਰਭੂ ਹੈ, ਇਸ ਗੱਲ ਦੀ ਸਮਝ ਗੁਰੂ ਦੇ ਸਨਮੁਖ ਹੋਇਆਂ ਆਉਂਦੀ ਹੈ।
54954	1280	ਹੁਕਮੀ ਲਿਖੈ ਸਿਰਿ ਲੇਖੁ ਵਿਣੁ ਕਲਮ ਮਸਵਾਣੀਐ॥	(ਮਸਵਾਣੀਐ) ਸਿਆਹੀ	Hukamee Likhai Sir Laekh Vin Kalam Masavaaneeai ||	He writes the inscription of His Hukam on the foreheads of all, without pen or ink.	ਆਪਣੇ ਹੁਕਮ-ਅਨੁਸਾਰ ਹੀ (ਹਰੇਕ ਜੀਵ ਦੇ) ਸਿਰ ਉਤੇ ਕਲਮ ਦਵਾਤ ਤੋਂ ਬਿਨਾ ਹੀ (ਰਜ਼ਾ ਦਾ) ਲੇਖ ਲਿਖ ਰਿਹਾ ਹੈ।
54955	1280	ਸਤਸੰਗਤਿ ਮੇਲਾਪੁ ਜਿਥੈ ਹਰਿ ਗੁਣ ਸਦਾ ਵਖਾਣੀਐ॥		Sathasangath Maelaap Jithhai Har Gun Sadhaa Vakhaaneeai ||	In the Sat Sangat, the True Congregation, Union with Him is obtained; there, the Glorious Praises of the Lord are chanted forever.	(ਉਸ ਪ੍ਰਭੂ ਦਾ) ਮਿਲਾਪ ਸਤਸੰਗ ਵਿਚ ਹੋ ਸਕਦਾ ਹੈ ਜਿਥੇ ਸਦਾ ਪ੍ਰਭੂ ਦੇ ਗੁਣ ਕਥੇ ਜਾਂਦੇ ਹਨ।

54956	1280	ਨਾਨਕ ਸਚਾ ਸਬਦੁ ਸਲਾਹਿ ਸਚੁ ਪਛਾਣੀਐ॥੪॥		Naanak Sachaa Sabadh Salaahi Sach Pashhaaneeai ||4||	O Nanak, praising the True Word of His Shabad, one comes to realize the Truth. ||4||	ਹੇ ਨਾਨਕ! (ਗੁਰੂ ਦਾ) ਸੱਚਾ ਸ਼ਬਦ ਗਾ ਕੇ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਪਛਾਣਿਆ ਜਾ ਸਕਦਾ ਹੈ (ਭਾਵ, ਪ੍ਰਭੂ ਦੀ ਸਾਰ ਪੈਂਦੀ ਹੈ, ਪ੍ਰਭੂ ਨਾਲ ਜਾਣ-ਪਛਾਣ ਬਣਦੀ ਹੈ) ॥੪॥
54957	1280	ਸਲੋਕ ਮਃ ੩॥		Salok Ma 3 ||	Shalok, Third Mehl:	
54958	1280	ਊਨਵਿ ਊਨਵਿ ਆਇਆ ਅਵਰਿ ਕਰੇਂਦਾ ਵੰਨ॥	(ਊਨਵਿ) ਝੁਕ ਝੁਕ ਕੇ। (ਵੰਨ) ਰੰਗ	Oonanav Oonanav Aaeiaa Avar Karaenadhaa Vann ||	Hanging low, low and thick in the sky, the clouds are changing color.	(ਗੁਰੂ-ਰੂਪ ਬੱਦਲ) ਨਿਉਂ ਨਿਉਂ ਕੇ ਆਇਆ ਹੈ (ਭਾਵ, ਮਿਹਰ ਕਰਨ ਤੇ ਤਿਆਰ ਹੈ) ਤੇ ਕਈ ਤਰ੍ਹਾਂ ਦੇ ਰੰਗ ਵਿਖਾ ਰਿਹਾ ਹੈ (ਭਾਵ, ਗੁਰੂ ਕਈ ਕਿਸਮ ਦੇ ਕਉਤਕ ਕਰਦਾ ਹੈ);
54959	1280	ਕਿਆ ਜਾਣਾ ਤਿਸੁ ਸਾਹ ਸਿਉ ਕੇਵ ਰਹਸੀ ਰੰਗੁ॥	ਰਹ-ਸੀ: ਪੋਲਾ ਬੋਲੋ	Kiaa Jaanaa This Saah Sio Kaev Rehasee Rang ||	How do I know whether my love for my Husband Lord shall endure?	ਪਰ, ਕੀਹ ਪਤਾ ਮੇਰਾ ਉਸ (ਨਾਮ-ਖ਼ਜ਼ਾਨੇ ਦੇ) ਸ਼ਾਹ ਦੇ ਨਾਲ ਕਿਵੇਂ ਪਿਆਰ ਬਣਿਆ ਰਹੇਗਾ।
54960	1280	ਰੰਗੁ ਰਹਿਆ ਤਿਨ੍ ਕਾਮਣੀ ਜਿਨ੍ ਮਨਿ ਭਉ ਭਾਉ ਹੋਇ॥		Rang Rehiaa Thinh Kaamanee Jinh Man Bho Bhaao Hoe ||	The love of those soul-brides endures, if their minds are filled with the Love and the Fear of God.	(ਉਸ ਮਿਹਰਾਂ ਦੇ ਸਾਈਂ ਨਾਲ) ਉਹਨਾਂ (ਜੀਵ-) ਇਸਤਰੀਆਂ ਦਾ ਪਿਆਰ ਟਿਕਿਆ ਰਹਿੰਦਾ ਹੈ ਜਿਨ੍ਹਾਂ ਦੇ ਮਨ ਵਿਚ ਉਸ ਦਾ ਡਰ ਤੇ ਪਿਆਰ ਹੈ।

54961	1280	ਨਾਨਕ ਭੈ ਭਾਇ ਬਾਹਰੀ ਤਿਨ ਤਨਿ ਸੁਖੁ ਨ ਹੋਇ॥੧॥		Naanak Bhai Bhaae Baaharee Thin Than Sukh N Hoe ||1||	O Nanak, she who has no Love and Fear of God - her body shall never find peace. ||1||	ਹੇ ਨਾਨਕ! ਜੋ ਡਰ ਤੇ ਪਿਆਰ ਤੋਂ ਸੱਖਣੀਆਂ ਹਨ ਉਹਨਾਂ ਦੇ ਸਰੀਰ ਵਿਚ ਸੁਖ ਨਹੀਂ ਹੁੰਦਾ ॥੧॥
54962	1280	ਮਃ ੩॥		Ma 3 ||	Third Mehl:	
54963	1280	ਊਂਨਵਿ ਊਂਨਵਿ ਆਇਆ ਵਰਸੈ ਨੀਰੁ ਨਿਪੰਗੁ॥		Oonanav Oonanav Aaeiaa Varasai Neer Nipang ||	Hanging low, low and thick in the sky, the clouds come, and pure water rains down.	(ਗੁਰੂ-ਬੱਦਲ) ਨਿਉਂ ਨਿਉਂ ਕੇ ਆਇਆ ਹੈ ਤੇ ਸਾਫ਼ ਜਲ ਵਰਸ ਰਿਹਾ ਹੈ;
54964	1280	ਨਾਨਕ ਦੁਖੁ ਲਾਗਾ ਤਿਨ੍ਹ ਕਾਮਣੀ ਜਿਨ੍ਹ ਕੰਤੈ ਸਿਉ ਮਨਿ ਭੰਗੁ॥੨॥		Naanak Dhukh Laagaa Thinh Kaamanee Jinh Kanthai Sio Man Bhang ||2||	O Nanak, that soul-bride suffers in pain, whose mind is torn away from her Husband Lord. ||2||	ਪਰ, ਹੇ ਨਾਨਕ! ਉਹਨਾਂ (ਜੀਵ-) ਇਸਤਰੀਆਂ ਨੂੰ (ਫਿਰ ਭੀ) ਦੁੱਖ ਵਿਆਪ ਰਿਹਾ ਹੈ ਜਿਨ੍ਹਾਂ ਦੇ ਮਨ ਵਿਚ ਖਸਮ-ਪ੍ਰਭੂ ਨਾਲੋਂ ਵਿਛੋੜਾ ਹੈ ॥੨॥
54965	1280	ਪਉੜੀ॥		Pourree ||	Pauree:	
54966	1280	ਦੋਵੈ ਤਰਫਾ ਉਪਾਇ ਇਕੁ ਵਰਤਿਆ॥		Dhovai Tharafaa Oupaae Eik Varathiaa ||	The One Lord created both sides and pervades the expanse.	('ਗੁਰਮੁਖ' ਤੇ 'ਮਨਮੁਖ') ਦੋਹਾਂ ਕਿਸਮਾਂ ਦੇ ਜੀਵ ਪੈਦਾ ਕਰ ਕੇ (ਦੋਹਾਂ ਵਿਚ) ਪ੍ਰਭੂ ਆਪ ਮੌਜੂਦ ਹੈ,

54967	1280	ਬੇਦ ਬਾਣੀ ਵਰਤਾਇ ਅੰਦਰਿ ਵਾਦੁ ਘਤਿਆ॥	ਘੱਤਿਆ	Baedh Baanee Varathaae Andhar Vaadh Ghathiaa ||	The words of the Vedas became pervasive, with arguments and divisions.	ਧਾਰਮਿਕ ਉਪਦੇਸ਼ (=ਬੇਦ ਬਾਣੀ) ਭੀ ਉਸ ਨੇ ਆਪ ਹੀ ਕੀਤਾ ਹੈ (ਤੇ ਇਸ ਤਰ੍ਹਾਂ 'ਗੁਰਮੁਖ' ਤੇ 'ਮਨਮੁਖ' ਦੇ ਅੰਦਰ 'ਵਿਚਾਰ' ਵਖੋ-ਵੱਖਰੇ ਪਾ ਕੇ, ਦੋਹਾਂ ਧਿਰਾਂ ਦੇ) ਅੰਦਰ ਝਗੜਾ ਭੀ ਆਪ ਹੀ ਪਾਇਆ ਹੈ।
54968	1280	ਪਰਵਿਰਤਿ ਨਿਰਵਿਰਤਿ ਹਾਠਾ ਦੋਵੈ ਵਿਚਿ ਧਰਮੁ ਫਿਰੈ ਰੈਬਾਰਿਆ॥	(ਹਾਠਾ) ਤਰਫਾਂ। (ਰੈਬਾਰਿਆ) ਵਿਚੋਲਗੀ। ਪਰ-ਵਿਰਤਿ। ਨਿਰ-ਵਿਰਤਿ। ਹੱਠਾਂ	Paravirath Niravirath Haathaa Dhovai Vich Dhharam Firai Raibaariaa ||	Attachment and detachment are the two sides of it; Dharma, true religion, is the guide between the two.	ਜਗਤ ਦੇ ਧੰਧਿਆਂ ਵਿਚ ਖਚਿਤ ਹੋਣਾ ਤੇ ਜਗਤ ਤੋਂ ਨਿਰਲੇਪ ਰਹਿਣਾ-ਇਹ ਦੋਵੇਂ ਪਾਸੇ ਉਸ ਨੇ ਆਪ ਹੀ ਬਣਾ ਦਿੱਤੇ ਹਨ ਤੇ ਆਪ ਹੀ 'ਧਰਮ' (-ਰੂਪ ਹੋ ਕੇ ਦੋਹਾਂ ਵਿਚ) ਵਿਚੋਲਾ ਬਣਿਆ ਹੋਇਆ ਹੈ;
54969	1280	ਮਨਮੁਖ ਕਚੇ ਕੂੜਿਆਰ ਤਿਨ੍ਹੀ ਨਿਹਚਉ ਦਰਗਹ ਹਾਰਿਆ॥		Manamukh Kachae Koorriaar Thinhee Nihacho Dharageh Haariaa ||	The self-willed manmukhs are worthless and false. Without a doubt, they lose in the Court of the Lord.	ਪਰ, ਮਨ ਦੇ ਪਿੱਛੇ ਤੁਰਨ ਵਾਲੇ ਮੂਰਖ ਕੂੜ ਦੇ ਵਪਾਰੀ ਹਨ ਉਹ ਜ਼ਰੂਰ ਪ੍ਰਭੂ ਦੀ ਦਰਗਾਹ ਵਿਚ ਬਾਜ਼ੀ ਹਾਰ ਜਾਂਦੇ ਹਨ।
54970	1280	ਗੁਰਮਤੀ ਸਬਦਿ ਸੂਰ ਹੈ ਕਾਮੁ ਕ੍ਰੋਧੁ ਜਿਨ੍ਹੀ ਮਾਰਿਆ॥		Guramathee Sabadh Soor Hai Kaam Krodhh Jinhee Maariaa ||	Those who follow the Guru's Teachings are the true spiritual warriors; they have conquered sexual desire and anger.	ਜਿਨ੍ਹਾਂ ਨੇ ਗੁਰੂ ਦੀ ਮੱਤ ਦਾ ਆਸਰਾ ਲਿਆ ਉਹ ਗੁਰ-ਸ਼ਬਦ ਦੀ ਬਰਕਤਿ ਨਾਲ ਸੂਰਮੇ ਬਣ ਗਏ ਕਿਉਂਕਿ ਉਹਨਾਂ ਕਾਮ ਤੇ ਕ੍ਰੋਧ ਜਿੱਤ ਲਿਆ;

54971	1280	ਸਚੈ ਅੰਦਰਿ ਮਹਲਿ ਸਬਦਿ ਸਵਾਰਿਆ॥		Sachai Andhar Mehal Sabadh Savaariaa ||	They enter into the True Mansion of the Lord's Presence, embellished and exalted by the Word of the Shabad.	ਉਹ ਗੁਰ-ਸ਼ਬਦ ਦੀ ਰਾਹੀਂ ਸੱਚੇ ਪ੍ਰਭੂ ਦੀ ਹਜ਼ੂਰੀ ਵਿੱਚ ਸੁਰਖ਼ਰੂ ਹੋ ਗਏ।
54972	1280	ਸੇ ਭਗਤ ਤੁਧੁ ਭਾਵਦੇ ਸਚੈ ਨਾਇ ਪਿਆਰਿਆ॥		Sae Bhagath Thudhh Bhaavadhae Sachai Naae Piaariaa ||	Those devotees are pleasing to Your Will, O Lord; they dearly love the True Name.	(ਹੇ ਪ੍ਰਭੂ!) ਉਹ ਤੇਰੇ ਭਗਤ ਤੈਨੂੰ ਚੰਗੇ ਲੱਗਦੇ ਹਨ, ਕਿਉਂਕਿ ਉਹ ਤੇਰੇ ਸਦਾ ਕਾਇਮ ਰਹਿਣ ਵਾਲੇ ਨਾਮ ਵਿਚ ਪਿਆਰ ਪਾਂਦੇ ਹਨ।
54973	1280	ਸਤਿਗੁਰੁ ਸੇਵਨਿ ਆਪਣਾ ਤਿਨ੍ਹਾ ਵਿਟਹੁ ਹਉ ਵਾਰਿਆ॥੫॥		Sathigur Saevan Aapanaa Thinhaa Vittahu Ho Vaariaa ||5||	I am a sacrifice to those who serve their True Guru. ||5||	ਜੋ ਮਨੁੱਖ ਆਪਣੇ ਸਤਿਗੁਰੂ ਨੂੰ ਸੇਂਵਦੇ ਹਨ (ਭਾਵ, ਜੋ ਗੁਰੂ ਦੇ ਕਹੇ ਉਤੇ ਤੁਰਦੇ ਹਨ), ਮੈਂ ਉਹਨਾਂ ਤੋਂ ਸਦਕੇ ਹਾਂ ॥੫॥
54974	1280	ਸਲੋਕ ਮਃ ੩॥		Salok Ma 3 ||	Shalok, Third Mehl:	
54975	1280	ਊਂਨਵਿ ਊਂਨਵਿ ਆਇਆ ਵਰਸੈ ਲਾਇ ਝੜੀ॥		Oonanav Oonanav Aaeiaa Varasai Laae Jharree ||	Hanging low, low and thick in the sky, the clouds come, and water rains down in torrents.	(ਗੁਰੂ-ਬੱਦਲ) ਝੁਕ ਝੁਕ ਕੇ ਆਇਆ ਹੈ ਤੇ ਝੜੀ ਲਾ ਕੇ ਵਰ੍ਹ ਰਿਹਾ ਹੈ (ਭਾਵ, ਗੁਰੂ 'ਨਾਮ'-ਉਪਦੇਸ਼ ਦੀ ਵਰਖਾ ਕਰ ਰਿਹਾ ਹੈ);
54976	1280	ਨਾਨਕ ਭਾਣੈ ਚਲੈ ਕੰਤ ਕੈ ਸੁ ਮਾਣੇ ਸਦਾ ਰਲੀ॥੧॥		Naanak Bhaanai Chalai Kanth Kai S Maanae Sadhaa Ralee ||1||	O Nanak, she walks in harmony with the Will of her Husband Lord; she enjoys peace and pleasure forever. ||1||	ਪਰ, ਹੇ ਨਾਨਕ! (ਇਸ ਉਪਦੇਸ਼ ਨੂੰ ਸੁਣ ਕੇ) ਜੋ ਮਨੁੱਖ ਖਸਮ (-ਪ੍ਰਭੂ) ਦੀ ਰਜ਼ਾ ਵਿਚ ਤੁਰਦਾ ਹੈ ਉਹੀ (ਉਸ 'ਉਪਦੇਸ਼'-ਵਰਖਾ ਦਾ) ਆਨੰਦ ਮਾਣਦਾ ਹੈ ॥੧॥

54977	1280	ਮਃ ੩॥		Ma 3 ||	Third Mehl:	
54978	1280	ਕਿਆ ਉਠਿ ਉਠਿ ਦੇਖਹੁ ਬਪੁੜੇਂ ਇਸੁ ਮੇਘੈ ਹਥਿ ਕਿਛੁ ਨਾਹਿ॥		Kiaa Outh Outh Dhaekhahu Bapurraen Eis Maeghai Hathh Kishh Naahi ||	Why are you standing up, standing up to look? You poor wretch, this cloud has nothing in its hands.	ਹੇ ਵਿਚਾਰੇ ਬੰਦਿਓ! ਇਸ ਬੱਦਲ ਨੂੰ ਉੱਠ ਉੱਠ ਕੇ ਕੀਹ ਵੇਖਦੇ ਹਉ, ਇਸ ਦੇ ਆਪਣੇ ਵੱਸ ਕੁਝ ਨਹੀਂ (ਕਿ ਇਹ ਵਰਖਾ ਕਰ ਸਕੇ)।
54979	1280	ਜਿਨਿ ਏਹੁ ਮੇਘੁ ਪਠਾਇਆ ਤਿਸੁ ਰਾਖਹੁ ਮਨ ਮਾਂਹਿ॥		Jin Eaehu Maegh Pathaaeiaa This Raakhahu Man Maanhi ||	The One who sent this cloud - cherish Him in your mind.	ਜਿਸ ਮਾਲਕ ਨੇ ਇਹ ਬੱਦਲ ਘੱਲਿਆ ਹੈ ਉਸ ਨੂੰ ਆਪਣੇ ਮਨ ਵਿਚ ਚੇਤੇ ਕਰੋ।
54980	1280	ਤਿਸ ਨੋ ਮੰਨਿ ਵਸਾਇਸੀ ਜਾ ਕਉ ਨਦਰਿ ਕਰੇਇ॥		This No Mann Vasaaeisee Jaa Ko Nadhar Karaee ||	He alone enshrines the Lord in his mind, upon whom the Lord bestows His Glance of Grace.	(ਪਰ ਇਹ ਕਿਸੇ ਦੇ ਵੱਸ ਦੀ ਗੱਲ ਨਹੀਂ) ਜਿਸ ਜੀਵ ਉਤੇ ਪ੍ਰਭੂ ਆਪ ਮਿਹਰ ਦੀ ਨਜ਼ਰ ਕਰਦਾ ਹੈ ਉਸ ਦੇ ਮਨ ਵਿਚ (ਆਪਣਾ ਆਪ) ਵਸਾਂਦਾ ਹੈ।
54981	1280	ਨਾਨਕ ਨਦਰੀ ਬਾਹਰੀ ਸਭ ਕਰਣ ਪਲਾਹ ਕਰੇਇ ॥੨॥	ਕਰੇ-ਇ	Naanak Nadharee Baaharee Sabh Karan Palaah Karaee ||2||	O Nanak, all those who lack this Grace, cry and weep and wail. ||2||	ਹੇ ਨਾਨਕ! ਪ੍ਰਭੂ ਦੀ ਮਿਹਰ ਦੀ ਨਜ਼ਰ ਤੋਂ ਬਿਨਾ ਸਾਰੀ ਸ੍ਰਿਸ਼ਟੀ ਤਰਲੈ ਲੈ ਰਹੀ ਹੈ ॥੨॥
54982	1280	ਪਉੜੀ॥		Pourree ||	Pauree:	

54983	1280	ਸੋ ਹਰਿ ਸਦਾ ਸਰੇਵੀਐ ਜਿਸੁ ਕਰਤ ਨ ਲਾਗੈ ਵਾਰ॥		So Har Sadhaa Saraeveeai Jis Karath N Laagai Vaar ||	Serve the Lord forever; He acts in no time at all.	ਉਸ ਪ੍ਰਭੂ ਨੂੰ ਸਦਾ ਸਿਮਰੀਏ ਜਿਸ ਨੂੰ (ਜਗਤ) ਬਣਾਦਿਆਂ ਚਿਰ ਨਹੀਂ ਲੱਗਦਾ;
54984	1280	ਆਡਾਣੇ ਆਕਾਸ ਕਰਿ ਖਿਨ ਮਹਿ ਢਾਹਿ ਉਸਾਰਣਹਾਰ॥		Aaddaanae Aakaas Kar Khin Mehi Dtaahi Ousaaranehaar ||	He stretched the sky across the heavens; in an instant, He creates and destroys.	ਇਹ ਤਣੇ ਹੋਏ ਆਕਾਸ਼ ਬਣਾ ਕੇ ਇਕ ਪਲਕ ਵਿਚ ਨਾਸ ਕਰ ਕੇ (ਮੁੜ) ਬਣਾਣ ਦੇ ਸਮਰੱਥ ਹੈ।
54985	1280	ਆਪੇ ਜਗਤੁ ਉਪਾਇ ਕੈ ਕੁਦਰਤਿ ਕਰੇ ਵੀਚਾਰ॥	ਜੱਗਤੁ	Aapae Jagath Oupaae Kai Kudharath Karae Veechaar ||	He Himself created the world; He contemplates His Creative Omnipotence.	ਪ੍ਰਭੂ ਆਪ ਹੀ ਜਗਤ ਪੈਦਾ ਕਰ ਕੇ ਆਪ ਹੀ ਇਸ ਰਚਨਾ ਦਾ ਖ਼ਿਆਲ ਰੱਖਦਾ ਹੈ।
54986	1280	ਮਨਮੁਖ ਅਗੈ ਲੇਖਾ ਮੰਗੀਐ ਬਹੁਤੀ ਹੋਵੈ ਮਾਰ॥		Manamukh Agai Laekhaa Mangeeai Bahuthee Hovai Maar ||	The self-willed manmukh will be called to account hereafter; he will be severely punished.	ਪਰ, ਜੋ ਮਨੁੱਖ (ਐਸੇ ਪ੍ਰਭੂ ਨੂੰ ਵਿਸਾਰ ਕੇ) ਆਪਣੇ ਮਨ ਦੇ ਪਿੱਛੇ ਤੁਰਦਾ ਹੈ (ਤੇ ਵਿਕਾਰਾਂ ਵਿਚ ਪ੍ਰਵਿਰਤ ਹੁੰਦਾ ਹੈ) ਉਸ ਪਾਸੋਂ ਅਗਾਂਹ ਉਸ ਦੇ ਕੀਤੇ ਕਰਮਾਂ ਦਾ ਲੇਖਾ ਮੰਗਿਆ ਜਾਂਦਾ ਹੈ (ਵਿਕਾਰਾਂ ਦੇ ਕਾਰਨ) ਉਸ ਨੂੰ ਮਾਰ ਪੈਂਦੀ ਹੈ।

54987	1281	ਗੁਰਮੁਖਿ ਪਤਿ ਸਿਉ ਲੇਖਾ ਨਿਬੜੈ ਬਖਸੇ ਸਿਫਤਿ ਭੰਡਾਰ॥		Guramukh Path Sio Laekhaa Nibarrai Bakhasae Sifath Bhanddaar ||	The Gurmukh's account is settled with honor; the Lord blesses him with the treasure of His Praise.	ਗੁਰੂ ਦੇ ਹੁਕਮ ਵਿਚ ਤੁਰਨ ਵਾਲੇ ਬੰਦੇ ਦਾ ਲੇਖਾ ਇੱਜ਼ਤ ਨਾਲ ਨਿੱਬੜਦਾ ਹੈ ਕਿਉਂਕਿ ਗੁਰੂ ਉਸ ਨੂੰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਖ਼ਜ਼ਾਨੇ ਬਖ਼ਸ਼ਦਾ ਹੈ।
54988	1281	ਓਥੈ ਹਥੁ ਨ ਅਪੜੈ ਕੂਕ ਨ ਸੁਣੀਐ ਪੁਕਾਰ॥		Outhhai Hathh N Aparrai Kook N Suneeai Pukaar ||	No one's hands can reach there; no one will hear anyone's cries.	ਕੀਤੇ ਕਰਮਾਂ ਦਾ ਲੇਖਾ ਹੋਣ ਵੇਲੇ ਕਿਸੇ ਹੋਰ ਦੀ ਪੇਸ਼ ਨਹੀਂ ਜਾਂਦੀ, ਤੇ ਉਸ ਵੇਲੇ ਕਿਸੇ ਕੂਕ-ਪੁਕਾਰ ਦਾ ਭੀ ਕੋਈ ਫ਼ਾਇਦਾ ਨਹੀਂ ਹੁੰਦਾ।
54989	1281	ਓਥੈ ਸਤਿਗੁਰੁ ਬੇਲੀ ਹੋਵੈ ਕਢਿ ਲਏ ਅੰਤੀ ਵਾਰ॥		Outhhai Sathigur Baelee Hovai Kadt Leae Anthee Vaar ||	The True Guru will be your best friend there; at the very last instant, He will save you.	ਉਸ ਵੇਲੇ ਵਾਸਤੇ ਤਾਂ ਸਤਿਗੁਰੂ ਹੀ ਮਦਦਗਾਰ ਹੁੰਦਾ ਹੈ ਕਿਉਂਕਿ ਆਖ਼ਰ ਗੁਰੂ ਹੀ ਵਿਕਾਰਾਂ ਤੋਂ ਬਾਹਰ ਕੱਢਦਾ ਹੈ।
54990	1281	ਏਨਾ ਜੰਤਾ ਨੋ ਹੋਰ ਸੇਵਾ ਨਹੀ ਸਤਿਗੁਰੁ ਸਿਰਿ ਕਰਤਾਰ॥੬॥		Eaenaa Janthaa No Hor Saevaa Nehee Sathigur Sir Karathaar ||6||	These beings should serve no other than the True Guru or the Creator Lord above the heads of all. ||6||	ਕਿਸੇ ਹੋਰ ਕਿਸਮ ਦੀ ਸੇਵਾ ਇਹਨਾਂ ਜੀਵਾਂ ਲਈ ਲਾਭਦਾਇਕ ਨਹੀਂ ਹੈ, ਅਕਾਲ ਪੁਰਖ ਦਾ ਭੇਜਿਆ ਹੋਇਆ ਸਤਿਗੁਰੂ ਹੀ ਜੀਵਾਂ ਦੇ ਸਿਰ ਉਤੇ ਹੱਥ ਰੱਖਦਾ ਹੈ ॥੬॥
54991	1281	ਸਲੋਕ ਮਃ ੩॥		Salok Ma 3 ||	Shalok, Third Mehl:	
54992	1281	ਬਾਬੀਹਾ ਜਿਸ ਨੋ ਤੂ ਪੂਕਾਰਦਾ ਤਿਸ ਨੋ ਲੋਚੈ ਸਭੁ ਕੋਇ॥		Baabeehaa Jis No Thoo Pookaaradhaa This No Lochai Sabh Koe ||	O rainbird, the One unto whom you call - everyone longs for that Lord.	ਹੇ ਬਿਰਹੀ ਜੀਵ! ਜਿਸ ਪ੍ਰਭੂ ਨੂੰ ਮਿਲਣ ਲਈ ਤੂੰ ਤਰਲੇ ਲੈ ਰਿਹਾ ਹੈਂ, ਉਸ ਨੂੰ ਮਿਲਣ ਲਈ ਹਰੇਕ ਜੀਵ ਲੋਚਦਾ ਹੈ,

54993	1281	ਅਪਣੀ ਕਿਰਪਾ ਕਰਿ ਕੈ ਵਸਸੀ ਵਣੁ ਤ੍ਰਿਣੁ ਹਰਿਆ ਹੋਇ॥	(ਵਸ-ਸੀ) ਵਰਸਣਗੇ	Apanee Kirapaa Kar Kai Vasasee Van Thrin Hariaa Hoe ||	When He grants His Grace, it rains, and the forests and fields blossom forth in their greenery.	ਜਦੋਂ ਉਹ ਪ੍ਰਭੂ ਆਪ ਮਿਹਰ ਕਰ ਕੇ ('ਨਾਮ' ਦੀ) ਵਰਖਾ ਕਰੇਗਾ ਤਾਂ ਸਾਰੀ ਸ੍ਰਿਸ਼ਟੀ (ਸਾਰੀ ਬਨਸਪਤੀ) ਹਰੀ ਹੋ ਜਾਇਗੀ।
54994	1281	ਗੁਰ ਪਰਸਾਦੀ ਪਾਈਐ ਵਿਰਲਾ ਬੂਝੈ ਕੋਇ॥		Gur Parasaadhee Paaeeai Viralaa Boojhai Koe ||	By Guru's Grace, He is found; only a rare few understand this.	ਕੋਈ ਵਿਰਲਾ ਬੰਦਾ ਸਮਝਦਾ ਹੈ ਕਿ ('ਨਾਮ-ਅੰਮ੍ਰਿਤੁ') ਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
54995	1281	ਬਹਦਿਆ ਉਠਦਿਆ ਨਿਤ ਧਿਆਈਐ ਸਦਾ ਸਦਾ ਸੁਖੁ ਹੋਇ॥		Behadhiaa Outhadhiaa Nith Dhhiaaeeai Sadhaa Sadhaa Sukh Hoe ||	Sitting down and standing up, meditate continually on Him, and be at peace forever and ever.	ਜੇ ਬੈਠਦੇ ਉੱਠਦੇ ਹਰ ਵੇਲੇ ਪ੍ਰਭੂ ਨੂੰ ਸਿਮਰੀਏ ਤਾਂ ਸਦਾ ਹੀ ਸੁਖ ਪ੍ਰਾਪਤ ਹੁੰਦਾ ਹੈ।
54996	1281	ਨਾਨਕ ਅੰਮ੍ਰਿਤੁ ਸਦ ਹੀ ਵਰਸਦਾ ਗੁਰਮੁਖਿ ਦੇਵੈ ਹਰਿ ਸੋਇ॥੧॥		Naanak Anmrith Sadh Hee Varasadhaa Guramukh Dhaevai Har Soe ||1||	O Nanak, the Ambrosial Nectar rains down forever; the Lord gives it to the Gurmukh. ||1||	ਹੇ ਨਾਨਕ! ਪ੍ਰਭੂ ਦੇ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ ਵਰਖਾ ਤਾਂ ਸਦਾ ਹੀ ਹੋ ਰਹੀ ਹੈ, ਪਰ ਉਹ ਪ੍ਰਭੂ ਇਹ ਦਾਤ ਉਸ ਮਨੁੱਖ ਨੂੰ ਦੇਂਦਾ ਹੈ ਜੋ ਗੁਰੂ ਦੇ ਸਨਮੁਖ ਰਹਿੰਦਾ ਹੈ ॥੧॥
54997	1281	ਮਃ ੩॥		Ma 3 ||	Third Mehl:	

54998	1281	ਕਲਮਲਿ ਹੋਈ ਮੇਦਨੀ ਅਰਦਾਸਿ ਕਰੇ ਲਿਵ ਲਾਇ॥		Kalamal Hoee Maedhanee Aradhaas Karae Liv Laae ||	When the people of the world are suffering in pain, they call upon the Lord in loving prayer.	(ਜਦੋਂ) ਧਰਤੀ (ਮੀਂਹ ਖੁਣੋਂ) ਵਿਆਕੁਲ ਹੁੰਦੀ ਹੈ ਤੇ ਇਕ-ਮਨ ਹੋ ਕੇ ਅਰਜ਼ੋਈ ਕਰਦੀ ਹੈ ਤਾਂ ਸਦਾ-ਥਿਰ ਸੱਚਾ ਪ੍ਰਭੂ (ਇਸ ਅਰਜ਼ੋਈ ਨੂੰ) ਗਹੁ ਨਾਲ ਸੁਣਦਾ ਹੈ, ਤੇ,
54999	1281	ਸਚੈ ਸੁਣਿਆ ਕੰਨੁ ਦੇ ਧੀਰਕ ਦੇਵੈ ਸਹਜਿ ਸੁਭਾਇ॥		Sachai Suniaa Kann Dhae Dhheerak Dhaevai Sehaj Subhaae ||	The True Lord naturally listens and hears and gives comfort.	ਸੁਤੇ ਹੀ ਆਪਣੇ ਸਦਾ ਦੇ ਬਣੇ ਸੁਭਾਉ ਅਨੁਸਾਰ (ਧਰਤੀ ਨੂੰ) ਧੀਰਜ ਦੇਂਦਾ ਹੈ;
55000	1281	ਇੰਦ੍ਰੈ ਨੋ ਫੁਰਮਾਇਆ ਵੁਠਾ ਛਹਬਰ ਲਾਇ॥		Eindhrai No Furamaaeiaa Vuthaa Shhehabar Laae ||	He commands the god of rain, and the rain pours down in torrents.	ਇੰਦ੍ਰ ਨੂੰ ਹੁਕਮ ਕਰਦਾ ਹੈ, ਉਹ ਝੜੀ ਲਾ ਕੇ ਵਰਖਾ ਕਰਦਾ ਹੈ;
55001	1281	ਅਨੁ ਧਨੁ ਉਪਜੈ ਬਹੁ ਘਣਾ ਕੀਮਤਿ ਕਹਣੁ ਨ ਜਾਇ॥		An Dhhan Oupajai Bahu Ghanaa Keemath Kehan N Jaae ||	Corn and wealth are produced in great abundance and prosperity; their value cannot be estimated.	ਬੇਅੰਤ ਅਨਾਜ (-ਰੂਪ) ਧਨ ਪੈਦਾ ਹੁੰਦਾ ਹੈ। (ਪ੍ਰਭੂ ਦੀ ਇਸ ਬਖ਼ਸ਼ਸ਼ ਦਾ) ਮੁੱਲ ਨਹੀਂ ਪਾਇਆ ਜਾ ਸਕਦਾ।
55002	1281	ਨਾਨਕ ਨਾਮੁ ਸਲਾਹਿ ਤੂ ਸਭਨਾ ਜੀਆ ਦੇਦਾ ਰਿਜਕੁ ਸੰਬਾਹਿ॥		Naanak Naam Salaahi Thoo Sabhanaa Jeeaa Dhaedhaa Rijak Sanbaahi ||	O Nanak, praise the Naam, the Name of the Lord; He reaches out and gives sustenance to all beings.	ਹੇ ਨਾਨਕ! ਜੋ ਪ੍ਰਭੂ ਸਭ ਜੀਵਾਂ ਨੂੰ ਰਿਜ਼ਕ ਅਪੜਾਂਦਾ ਹੈ ਉਸ ਦਾ ਨਾਮ ਵਡਿਆਓ;

55003	1281	ਜਿਤੁ ਖਾਧੈ ਸੁਖੁ ਉਪਜੈ ਫਿਰਿ ਦੂਖੁ ਨ ਲਾਗੈ ਆਇ ॥੨॥		Jith Khaadhhai Sukh Oopajai Fir Dhookh N Laagai Aae ||2||	Eating this, peace is produced, and the mortal never again suffers in pain. ||2||	ਇਸ ਨਾਮ-ਭੋਜਨ ਦੇ ਖਾਧਿਆਂ ਸੁਖ ਪੈਦਾ ਹੁੰਦਾ ਹੈ (ਸੁਖ ਭੀ ਐਸਾ ਕਿ) ਫਿਰ ਕਦੇ ਦੁੱਖ ਆ ਕੇ ਨਹੀਂ ਲੱਗਦਾ ॥੨॥
55004	1281	ਪਉੜੀ॥		Pourree ||	Pauree:	
55005	1281	ਹਰਿ ਜੀਉ ਸਚਾ ਸਚੁ ਤੂ ਸਚੇ ਲੈਹਿ ਮਿਲਾਇ॥		Har Jeeo Sachaa Sach Thoo Sachae Laihi Milaae ||	O Dear Lord, You are the Truest of the True. You blend those who are truthful into Your Own Being.	ਹੇ ਪ੍ਰਭੂ ਜੀ! ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਜੋ ਤੇਰਾ ਰੂਪ ਹੋ ਜਾਂਦਾ ਹੈ ਤੂੰ ਉਸ ਨੂੰ (ਆਪਣੇ ਵਿਚ) ਮਿਲਾ ਲੈਂਦਾ ਹੈਂ।
55006	1281	ਦੂਜੈ ਦੂਜੀ ਤਰਫ ਹੈ ਕੂੜਿ ਮਿਲੈ ਨ ਮਿਲਿਆ ਜਾਇ॥		Dhoojai Dhoojee Tharaf Hai Koorr Milai N Miliaa Jaae ||	Those caught in duality are on the side of duality; entrenched in falsehood, they cannot merge into the Lord.	ਜੋ ਮਨੁੱਖ ਮਾਇਆ ਵਿਚ ਲੱਗਾ ਹੋਇਆ ਹੈ ਉਸ ਦਾ (ਸੱਚ ਦੇ ਉਲਟ) ਦੂਜਾ ਪਾਸਾ ਹੈ (ਭਾਵ; ਉਹ ਦੂਜੇ ਪਾਸੇ, ਕੂੜ ਵਲ, ਜਾਂਦਾ ਹੈ; ਤੇ) ਕੂੜ ਦੀ ਰਾਹੀਂ (ਭਾਵ, ਕੂੜ ਵਿਚ ਲੱਗਿਆਂ) ਪ੍ਰਭੂ ਨਹੀਂ ਮਿਲਦਾ, ਪ੍ਰਭੂ ਨੂੰ ਮਿਲਿਆ ਨਹੀਂ ਜਾ ਸਕਦਾ।
55007	1281	ਆਪੇ ਜੋੜਿ ਵਿਛੋੜਿਐ ਆਪੇ ਕੁਦਰਤਿ ਦੇਇ ਦਿਖਾਇ॥		Aapae Jorr Vishhorriai Aapae Kudharath Dhaee Dhikhaae ||	You Yourself unite, and You Yourself separate; You display Your Creative Omnipotence.	ਪ੍ਰਭੂ ਵਿਛੋੜੇ ਹੋਏ ਜੀਵ ਨੂੰ ਭੀ ਆਪ ਹੀ (ਆਪਣੇ ਚਰਨਾਂ ਵਿਚ) ਜੋੜਦਾ ਹੈ, ਆਪ ਹੀ ਆਪਣੀ ਇਹ ਵਡਿਆਈ ਵਿਖਾਂਦਾ ਹੈ।

55008	1281	ਮੋਹੁ ਸੋਗੁ ਵਿਜੋਗੁ ਹੈ ਪੂਰਬਿ ਲਿਖਿਆ ਕਮਾਇ॥		Mohu Sog Vijog Hai Poorab Likhiaa Kamaae ||	Attachment brings the sorrow of separation; the mortal acts in accordance with pre-ordained destiny.	(ਕੂੜ ਵਿਚ ਲੱਗੇ ਬੰਦੇ ਨੂੰ) ਮੋਹ ਚਿੰਤਾ ਵਿਛੋੜਾ ਵਿਆਪਦਾ ਹੈ ਉਹ (ਮੁੜ) ਉਹੀ ਕੰਮ ਕਰਦਾ ਜਾਂਦਾ ਹੈ ਜੋ ਪਿਛਲੇ ਕੀਤੇ ਅਨੁਸਾਰ (ਉਸ ਦੇ ਮੱਥੇ ਉਤੇ) ਲਿਖਿਆ ਹੈ;
55009	1281	ਹਉ ਬਲਿਹਾਰੀ ਤਿਨ ਕਉ ਜੋ ਹਰਿ ਚਰਣੀ ਰਹੈ ਲਿਵ ਲਾਇ॥		Ho Balihaaree Thin Ko Jo Har Charanee Rehai Liv Laae ||	I am a sacrifice to those who remain lovingly attached to the Lord's Feet.	ਜਿਹੜੇ ਮਨੁੱਖ ਪ੍ਰਭੂ ਦੇ ਚਰਨਾਂ ਵਿਚ ਸੁਰਤ ਜੋੜਿ ਰੱਖਦੇ ਹਨ, ਮੈਂ ਉਹਨਾਂ ਤੋਂ ਸਦਕੇ ਹਾਂ;
55010	1281	ਜਿਉ ਜਲ ਮਹਿ ਕਮਲੁ ਅਲਿਪਤੁ ਹੈ ਐਸੀ ਬਣਤ ਬਣਾਇ॥	ਅ-ਲਿਪਤੁ	Jio Jal Mehi Kamal Alipath Hai Aisee Banath Banaae ||	They are like the lotus which remains detached, floating upon the water.	ਪ੍ਰਭੂ ਨੇ ਅਜੇਹੀ ਬਣਤਰ ਬਣਾ ਰੱਖੀ ਹੈ (ਕਿ ਉਸ ਦੇ ਚਰਨਾਂ ਵਿਚ ਜੁੜਨ ਵਾਲੇ ਇਉਂ ਜਗਤ ਵਿਚ ਨਿਰਲੇਪ ਰਹਿੰਦੇ ਹਨ) ਜਿਵੇਂ ਪਾਣੀ ਵਿਚ ਕਉਲ ਫੁੱਲ ਅਛੋਹ ਰਹਿੰਦਾ ਹੈ।
55011	1281	ਸੇ ਸੁਖੀਏ ਸਦਾ ਸੋਹਣੇ ਜਿਨ੍ ਵਿਚਹੁ ਆਪੁ ਗਵਾਇ॥		Sae Sukheeeae Sadhaa Sohanae Jinh Vichahu Aap Gavaae ||	They are peaceful and beautiful forever; they eradicate self-conceit from within.	ਜੋ ਮਨੁੱਖ ਆਪਣੇ ਅੰਦਰੋਂ ਆਪਾ-ਭਾਵ ਗਵਾਂਦੇ ਹਨ ਉਹ ਸਦਾ ਸੁਖੀ ਰਹਿੰਦੇ ਹਨ ਤੇ ਸੋਹਣੇ ਲੱਗਦੇ ਹਨ (ਸੋਹਣੇ ਜੀਵਨ ਵਾਲੇ ਬਣ ਜਾਂਦੇ ਹਨ)।

55012	1281	ਤਿਨ੍ ਸੋਗੁ ਵਿਜੋਗੁ ਕਦੇ ਨਹੀ ਜੋ ਹਰਿ ਕੈ ਅੰਕਿ ਸਮਾਇ॥੭॥		Thinh Sog Vijog Kadhae Nehee Jo Har Kai Ank Samaae ||7||	They never suffer sorrow or separation; they are merged in the Being of the Lord. ||7||	ਜੋ ਪ੍ਰਭੂ ਦੀ ਗੋਦ ਵਿੱਚ ਟਿਕੇ ਰਹਿੰਦੇ ਹਨ ਉਹਨਾਂ ਨੂੰ ਕਦੇ ਚਿੰਤਾ ਤੇ ਵਿਛੋੜਾ ਵਿਆਪਦਾ ਨਹੀਂ ॥੭॥
55013	1281	ਸਲੋਕ ਮਃ ੩॥		Salok Ma 3 ||	Shalok, Third Mehl:	
55014	1281	ਨਾਨਕ ਸੋ ਸਾਲਾਹੀਐ ਜਿਸੁ ਵਸਿ ਸਭੁ ਕਿਛੁ ਹੋਇ॥	ਵੱਸਿ	Naanak So Saalaaheeai Jis Vas Sabh Kishh Hoe ||	O Nanak, praise the Lord; everything is in His power.	ਹੇ ਨਾਨਕ! ਜਿਸ ਪ੍ਰਭੂ ਦੇ ਵੱਸ ਵਿਚ ਹਰੇਕ ਗੱਲ ਹੈ ਉਸ ਦੀ ਸਦਾ ਵਡਿਆਈ ਕਰਨੀ ਚਾਹੀਦੀ ਹੈ;
55015	1281	ਤਿਸੈ ਸਰੇਵਿਹੁ ਪ੍ਰਾਣੀਹੋ ਤਿਸੁ ਬਿਨੁ ਅਵਰੁ ਨ ਕੋਇ॥		Thisai Saraevihu Praaneeho This Bin Avar N Koe ||	Serve Him, O mortal beings; there is none other than Him.	ਉਸ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ; ਹੇ ਬੰਦਿਓ! ਉਸ ਪ੍ਰਭੂ ਨੂੰ ਹੀ ਸਿਮਰੋ।
55016	1281	ਗੁਰਮੁਖਿ ਹਰਿ ਪ੍ਰਭੁ ਮਨਿ ਵਸੈ ਤਾਂ ਸਦਾ ਸਦਾ ਸੁਖੁ ਹੋਇ॥		Guramukh Har Prabh Man Vasai Thaan Sadhaa Sadhaa Sukh Hoe ||	The Lord God abides within the mind of the Gurmukh, and then he is at peace, forever and ever.	(ਜੇ) ਗੁਰੂ ਦੀ ਰਾਹੀਂ ਹਰੀ-ਪ੍ਰਭੂ ਮਨ ਵਿਚ ਆ ਵੱਸੇ ਤਾਂ (ਮਨ ਵਿਚ) ਸਦਾ ਹੀ ਸੁਖ ਬਣਿਆ ਰਹਿੰਦਾ ਹੈ,

55017	1281	ਸਹਸਾ ਮੂਲਿ ਨ ਹੋਵਈ ਸਭ ਚਿੰਤਾ ਵਿਚਹੁ ਜਾਇ॥		Sehasaa Mool N Hovee Sabh Chinthaa Vichahu Jaae ||	He is never cynical; all anxiety has been taken out from within him.	ਤੌਖ਼ਲਾ ਉੱਕਾ ਹੀ ਨਹੀਂ ਹੁੰਦਾ, ਸਾਰੀ ਚਿੰਤਾ ਮਨ ਵਿਚੋਂ ਨਿਕਲ ਜਾਂਦੀ ਹੈ,
55018	1281	ਜੋ ਕਿਛੁ ਹੋਇ ਸੁ ਸਹਜੇ ਹੋਇ ਕਹਣਾ ਕਿਛੂ ਨ ਜਾਇ॥		Jo Kishh Hoe S Sehajae Hoe Kehanaa Kishhoo N Jaae ||	Whatever happens, happens naturally; no one has any say about it.	ਜੋ ਕੁਝ (ਜਗਤ ਵਿਚ) ਵਰਤ ਰਿਹਾ ਹੈ ਉਹ ਰਜ਼ਾ ਵਿਚ ਹੋ ਰਿਹਾ ਹੀ ਦਿੱਸਦਾ ਹੈ ਉਸ ਉੱਤੇ ਕੋਈ ਇਤਰਾਜ਼ (ਮਨ ਵਿਚ) ਉੱਠਦਾ ਹੀ ਨਹੀਂ।
55019	1281	ਸਚਾ ਸਾਹਿਬੁ ਮਨਿ ਵਸੈ ਤਾਂ ਮਨਿ ਚਿੰਦਿਆ ਫਲੁ ਪਾਇ॥		Sachaa Saahib Man Vasai Thaan Man Chindhiaa Fal Paae ||	When the True Lord abides in the mind, then the mind's desires are fulfilled.	ਜੇ ਸਦਾ-ਥਿਰ ਰਹਿਣ ਵਾਲਾ ਪ੍ਰਭੂ ਮਨ ਵਿਚ ਆ ਵੱਸੇ ਤਾਂ ਮਨ ਵਿਚ ਚਿਤਵਿਆ ਹੋਇਆ (ਹਰੇਕ) ਫਲ ਹਾਸਲ ਹੁੰਦਾ ਹੈ।
55020	1281	ਨਾਨਕ ਤਿਨ ਕਾ ਆਖਿਆ ਆਪਿ ਸੁਣੇ ਜਿ ਲਇਅਨੁ ਪੰਨੈ ਪਾਇ॥੧॥		Naanak Thin Kaa Aakhiaa Aap Sunae J Laeian Pannai Paae ||1||	O Nanak, He Himself hears the words of those, whose accounts are in His Hands. ||1||	ਹੇ ਨਾਨਕ! ਜਿਨ੍ਹਾਂ ਨੂੰ ਪ੍ਰਭੂ ਨੇ ਆਪਣੇ ਲੇਖੇ ਵਿਚ ਲਿਖ ਲਿਆ ਹੈ (ਭਾਵ, ਜਿਨ੍ਹਾਂ ਉਤੇ ਮਿਹਰ ਦੀ ਨਜ਼ਰ ਕਰਦਾ ਹੈ) ਉਹਨਾਂ ਦੀ ਅਰਦਾਸ ਗਹੁ ਨਾਲ ਸੁਣਦਾ ਹੈ ॥੧॥
55021	1281	ਮਃ ੩॥		Ma 3 ||	Third Mehl:	
55022	1281	ਅੰਮ੍ਰਿਤੁ ਸਦਾ ਵਰਸਦਾ ਬੂਝਨਿ ਬੂਝਣਹਾਰ॥	ਬੂੱਝਨਿ ਬੂੱਝਣਹਾਰ	Anmrith Sadhaa Varasadhaa Boojhan Boojhanehaar ||	The Ambrosial Nectar rains down continually; realize this through realization.	'ਅੰਮ੍ਰਿਤ' ਦੀ ਵਰਖਾ ਸਦਾ ਹੋ ਰਹੀ ਹੈ (ਪਰ ਇਸ ਭੇਤ ਨੂੰ) ਉਹੀ ਸਮਝਦੇ ਹਨ ਜੋ ਸਮਝਣ-ਜੋਗੇ ਹਨ;

55023	1281	ਗੁਰਮੁਖਿ ਜਿਨ੍ਹੀ ਬੁਝਿਆ ਹਰਿ ਅੰਮ੍ਰਿਤੁ ਰਖਿਆ ਉਰਿ ਧਾਰਿ॥	ਬੁੱਝਿਆ	Guramukh Jinhee Bujhiaa Har Anmrith Rakhiaa Our Dhaar ||	Those who, as Gurmukh, realize this, keep the Lord's Ambrosial Nectar enshrined within their hearts.	ਜਿਨ੍ਹਾਂ ਨੇ ਗੁਰੂ ਦੀ ਰਾਹੀਂ (ਇਹ ਭੇਤ) ਸਮਝ ਲਿਆ ਹੈ ਉਹ 'ਅੰਮ੍ਰਿਤ' ਹਿਰਦੇ ਵਿਚ ਸਾਂਭ ਰੱਖਦੇ ਹਨ;
55024	1281	ਹਰਿ ਅੰਮ੍ਰਿਤੁ ਪੀਵਹਿ ਸਦਾ ਰੰਗਿ ਰਾਤੇ ਹਉਮੈ ਤ੍ਰਿਸਨਾ ਮਾਰਿ॥		Har Anmrith Peevehi Sadhaa Rang Raathae Houmai Thrisanaa Maar ||	They drink in the Lord's Ambrosial Nectar, and remain forever imbued with the Lord; they conquer egotism and thirsty desires.	ਉਹ ਮਨੁੱਖ ਹਉਮੈ ਤੇ (ਮਾਇਆ ਦੀ) ਤ੍ਰਿਸ਼ਨਾ ਮਿਟਾ ਕੇ, ਪ੍ਰਭੂ ਦੇ ਪਿਆਰ ਵਿਚ ਰੰਗੇ ਹੋਏ ਸਦਾ 'ਅੰਮ੍ਰਿਤ' ਪੀਂਦੇ ਹਨ।
55025	1281	ਅੰਮ੍ਰਿਤੁ ਹਰਿ ਕਾ ਨਾਮੁ ਹੈ ਵਰਸੈ ਕਿਰਪਾ ਧਾਰਿ॥		Anmrith Har Kaa Naam Hai Varasai Kirapaa Dhaar ||	The Name of the Lord is Ambrosial Nectar; the Lord showers His Grace, and it rains down.	(ਉਹ ਅੰਮ੍ਰਿਤ ਕੀਹ ਹੈ?) 'ਅੰਮ੍ਰਿਤ' ਪ੍ਰਭੂ ਦਾ 'ਨਾਮ' ਹੈ ਤੇ ਇਸ ਦੀ ਵਰਖਾ ਹੁੰਦੀ ਹੈ ਪ੍ਰਭੂ ਦੀ ਕਿਰਪਾ ਨਾਲ।
55026	1281	ਨਾਨਕ ਗੁਰਮੁਖਿ ਨਦਰੀ ਆਇਆ ਹਰਿ ਆਤਮ ਰਾਮੁ ਮੁਰਾਰਿ॥੨॥		Naanak Guramukh Nadharee Aaeiaa Har Aatham Raam Muraar ||2||	O Nanak, the Gurmukh comes to behold the Lord, the Supreme Soul. ||2||	ਹੇ ਨਾਨਕ! ਸਭ ਵਿਚ ਵਿਆਪਕ ਮੁਰਾਰੀ ਪਰਮਾਤਮਾ ਸਤਿਗੁਰੂ ਦੀ ਰਾਹੀਂ ਨਜ਼ਰੀਂ ਆਉਂਦਾ ਹੈ ॥੨॥
55027	1282	ਪਉੜੀ॥		Pourree ||	Pauree:	

55028	1282	ਅਤੁਲੁ ਕਿਉ ਤੋਲੀਐ ਵਿਣੁ ਤੋਲੇ ਪਾਇਆ ਨ ਜਾਇ॥	ਅ-ਤੁੱਲੁ	Athul Kio Tholeeai Vin Tholae Paaeiaa N Jaae ||	How can the unweighable be weighed? Without weighing Him, He cannot be obtained.	ਪਰਮਾਤਮਾ ਅਤੁੱਲ ਹੈ, ਉਸ ਦੇ ਸਾਰੇ ਗੁਣ ਜਾਚੇ ਨਹੀਂ ਜਾ ਸਕਦੇ; ਪਰ ਉਸ ਦੇ ਗੁਣਾਂ ਦੀ ਵਿਚਾਰ ਕਰਨ ਤੋਂ ਬਿਨਾ ਉਸ ਦੀ ਪ੍ਰਾਪਤੀ ਭੀ ਨਹੀਂ ਹੁੰਦੀ।
55029	1282	ਗੁਰ ਕੈ ਸਬਦਿ ਵੀਚਾਰੀਐ ਗੁਣ ਮਹਿ ਰਹੈ ਸਮਾਇ॥		Gur Kai Sabadh Veechaareeai Gun Mehi Rehai Samaae ||	Reflect on the Word of the Guru's Shabad, and immerse yourself in His Glorious Virtues.	ਪ੍ਰਭੂ ਦੇ ਗੁਣਾਂ ਦੀ ਵਿਚਾਰ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਹੋ ਸਕਦੀ ਹੈ (ਜੋ ਮਨੁੱਖ ਵਿਚਾਰ ਕਰਦਾ ਹੈ ਉਹ) ਉਸ ਦੇ ਗੁਣਾਂ ਵਿਚ ਮਗਨ ਰਹਿੰਦਾ ਹੈ।
55030	1282	ਅਪਣਾ ਆਪੁ ਆਪਿ ਤੋਲਸੀ ਆਪੇ ਮਿਲੈ ਮਿਲਾਇ॥		Apanaa Aap Aap Tholasee Aapae Milai Milaae ||	He Himself weighs Himself; He unites in Union with Himself.	ਆਪਣੇ ਆਪ ਨੂੰ ਪ੍ਰਭੂ ਆਪ ਹੀ ਤੋਲ ਸਕਦਾ ਹੈ (ਭਾਵ, ਪ੍ਰਭੂ ਕਿਤਨਾ ਵੱਡਾ ਹੈ ਇਹ ਗੱਲ ਉਹ ਆਪ ਹੀ ਜਾਣਦਾ ਹੈ) ਉਹ ਆਪ ਹੀ (ਆਪਣੇ ਸੇਵਕਾਂ ਨੂੰ ਗੁਰੂ ਦਾ) ਮਿਲਾਇਆ ਮਿਲਦਾ ਹੈ।
55031	1282	ਤਿਸ ਕੀ ਕੀਮਤਿ ਨਾ ਪਵੈ ਕਹਣਾ ਕਿਛੂ ਨ ਜਾਇ॥		This Kee Keemath Naa Pavai Kehanaa Kishhoo N Jaae ||	His value cannot be estimated; nothing can be said about this.	ਪ੍ਰਭੂ ਦਾ ਮੁੱਲ ਨਹੀਂ ਪੈ ਸਕਦਾ; (ਉਹ ਕੇਡਾ ਵੱਡਾ ਹੈ ਇਸ ਬਾਰੇ) ਕੋਈ ਗੱਲ ਆਖੀ ਨਹੀਂ ਜਾ ਸਕਦੀ।
55032	1282	ਹਉ ਬਲਿਹਾਰੀ ਗੁਰ ਆਪਣੇ ਜਿਨਿ ਸਚੀ ਬੂਝ ਦਿਤੀ ਬੁਝਾਇ॥		Ho Balihaaree Gur Aapanae Jin Sachee Boojh Dhithee Bujhaae ||	I am a sacrifice to my Guru; He has made me realize this true realization.	ਮੈਂ ਕੁਰਬਾਨ ਹਾਂ ਆਪਣੇ ਗੁਰੂ ਤੋਂ ਜਿਸ ਨੇ (ਮੈਨੂੰ ਸੱਚੀ ਸੂਝ ਦੇ ਦਿੱਤੀ ਹੈ)।

55033	1282	ਜਗਤੁ ਮੁਸੈ ਅੰਮ੍ਰਿਤੁ ਲੁਟੀਐ ਮਨਮੁਖ ਬੂਝ ਨ ਪਾਇ॥	ਜੱਗਤੁ । ਮੁੱਸੈ	Jagath Musai Anmrith Lutteeai Manamukh Boojh N Paae ||	The world has been deceived, and the Ambrosial Nectar is being plundered. The self-willed manmukh does not realize this.	(ਗੁਰੂ ਦੀ ਮੱਤ ਤੋਂ ਬਿਨਾ) ਜਗਤ ਠੱਗਿਆ ਜਾ ਰਿਹਾ ਹੈ, ਅੰਮ੍ਰਿਤ ਲੁਟਿਆ ਜਾ ਰਿਹਾ ਹੈ, ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਨੂੰ ਇਹ ਸਮਝ ਨਹੀਂ ਪੈਂਦੀ।
55034	1282	ਵਿਣੁ ਨਾਵੈ ਨਾਲਿ ਨ ਚਲਸੀ ਜਾਸੀ ਜਨਮੁ ਗਵਾਇ॥	ਚੱਲਸੀ	Vin Naavai Naal N Chalasee Jaasee Janam Gavaae ||	Without the Name, nothing will go along with him; he wastes his life, and departs.	ਪ੍ਰਭੂ ਦੇ ਨਾਮ ਤੋਂ ਬਿਨਾ (ਕੋਈ ਹੋਰ ਸ਼ੈ ਮਨੁੱਖ ਦੇ) ਨਾਲ ਨਹੀਂ ਜਾਇਗੀ (ਸੋ, 'ਨਾਮ' ਤੋਂ ਭੁੱਲਾ ਹੋਇਆ ਮਨੁੱਖ ਆਪਣਾ ਜਨਮ ਅਜਾਈਂ ਗਵਾ ਕੇ ਜਾਇਗਾ।
55035	1282	ਗੁਰਮਤੀ ਜਾਗੇ ਤਿਨੀ ਘਰੁ ਰਖਿਆ ਦੂਤਾ ਕਾ ਕਿਛੁ ਨ ਵਸਾਇ॥੮॥	ਦੂਤਾਂ	Guramathee Jaagae Thinhee Ghar Rakhiaa Dhoothaa Kaa Kishh N Vasaae ||8||	Those who follow the Guru's Teachings and remain awake and aware, preserve and protect the home of their heart; demons have no power against them. ||8||	ਜਿਹੜੇ ਮਨੁੱਖ ਗੁਰੂ ਦੀ ਮੱਤ ਲੈ ਕੇ (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਜਾਗ ਪੈਂਦੇ ਹਨ ਉਹ ਆਪਣਾ ਘਰ (ਭਾਵ, ਆਪਣਾ ਸਰੀਰ, ਵਿਕਾਰਾਂ ਤੋਂ) ਬਚਾ ਰੱਖਦੇ ਹਨ, ਇਹਨਾਂ ਦੂਤਾਂ (ਵਿਕਾਰਾਂ) ਦਾ ਉਹਨਾਂ ਉਤੇ ਕੋਈ ਜ਼ੋਰ ਨਹੀਂ ਚਲਦਾ ॥੮॥
55036	1282	ਸਲੋਕ ਮਃ ੩॥		Salok Ma 3 ||	Shalok, Third Mehl:	
55037	1282	ਬਾਬੀਹਾ ਨਾ ਬਿਲਲਾਇ ਨਾ ਤਰਸਾਇ ਏਹੁ ਮਨੁ ਖਸਮ ਕਾ ਹੁਕਮੁ ਮੰਨਿ॥		Baabeehaa Naa Bilalaae Naa Tharasaae Eaehu Man Khasam Kaa Hukam Mann ||	O rainbird, do not cry out. Do not let this mind of yours be so thirsty for a drop of water. Obey the Hukam, the Command of your Lord and Master,	ਹੇ ਪਪੀਹੇ! ਨਾਹ ਵਿਲਕ, ਆਪਣਾ ਮਨ ਨਾਹ ਤਰਸਾ ਤੇ ਮਾਲਕ ਦਾ ਹੁਕਮ ਮੰਨ (ਉਸ ਦੇ ਹੁਕਮ ਵਿਚ ਹੀ ਵਰਖਾ ਹੋਵੇਗੀ)।

55038	1282	ਨਾਨਕ ਹੁਕਮਿ ਮੰਨਿਐ ਤਿਖ ਉਤਰੈ ਚੜੈ ਚਵਗਲਿ ਵੰਨੁ॥੧॥	(ਚ-ਵਗਲਿ) ਚੌਗੁਣਾਂ ਬਹੁਤੋ ਬਹੁਤਾ। (ਵੰਨੁ) ਰੰਗ। ਤਿਖ: ਪੋਲਾ ਬੋਲੋ। ਚੜੈ	Naanak Hukam Manniai Thikh Outharai Charrai Chavagal Vann ||1||	And your thirst shall be quenched. Your love for Him shall increase four-fold. ||1||	ਹੇ ਨਾਨਕ! ਪ੍ਰਭੂ ਦੀ ਰਜ਼ਾ ਵਿਚ ਟੁਰਿਆਂ ਹੀ (ਮਾਇਆ ਦੀ ਤ੍ਰੇਹ ਮਿਟਦੀ ਹੈ ਤੇ ਚੌਗੁਣਾ ਰੰਗ ਚੜ੍ਹਦਾ ਹੈ (ਭਾਵ, ਮਨ ਪੂਰੇ ਤੌਰ ਤੇ ਖਿੜਦਾ ਹੈ) ॥੧॥
55039	1282	ਮਃ ੩॥		Ma 3 ||	Third Mehl:	
55040	1282	ਬਾਬੀਹਾ ਜਲ ਮਹਿ ਤੇਰਾ ਵਾਸੁ ਹੈ ਜਲ ਹੀ ਮਾਹਿ ਫਿਰਾਹਿ॥		Baabeehaa Jal Mehi Thaeraa Vaas Hai Jal Hee Maahi Firaahi ||	O rainbird, your place is in the water; you move around in the water.	ਹੇ ਪਪੀਹੇ! ਪਾਣੀ ਵਿਚ ਤੂੰ ਵੱਸਦਾ ਹੈਂ, ਪਾਣੀ ਵਿਚ ਹੀ ਤੂੰ ਤੁਰਦਾ ਫਿਰਦਾ ਹੈਂ (ਭਾਵ, ਹੇ ਜੀਵ! ਸਰਬ ਵਿਆਪਕ ਹਰੀ ਵਿਚ ਹੀ ਤੂੰ ਜੀਉਂਦਾ ਵੱਸਦਾ ਹੈ)
55041	1282	ਜਲ ਕੀ ਸਾਰ ਨ ਜਾਣਹੀ ਤਾਂ ਤੂੰ ਕੂਕਣ ਪਾਹਿ॥		Jal Kee Saar N Jaanehee Thaan Thoon Kookan Paahi ||	But you do not appreciate the water, and so you cry out.	ਪਰ ਉਸ ਪਾਣੀ ਦੀ ਤੈਨੂੰ ਕਦਰ ਨਹੀਂ, ਇਸ ਵਾਸਤੇ ਤੂੰ ਵਿਲਕ ਰਿਹਾ ਹੈਂ।
55042	1282	ਜਲ ਥਲ ਚਹੁ ਦਿਸਿ ਵਰਸਦਾ ਖਾਲੀ ਕੋ ਥਾਉ ਨਾਹਿ॥		Jal Thhal Chahu Dhis Varasadhaa Khaalee Ko Thhaao Naahi ||	In the water and on the land, it rains down in the ten directions. No place is left dry.	ਚਹੁੰ ਪਾਸੀਂ ਹੀ ਜਲਾਂ ਵਿਚ ਥਲਾਂ ਵਿਚ ਵਰਖਾ ਹੋ ਰਹੀ ਹੈ ਕੋਈ ਥਾਂ ਐਸਾ ਨਹੀਂ ਜਿਥੇ ਵਰਖਾ ਨਹੀਂ ਹੁੰਦੀ;

55043	1282	ਏਤੈ ਜਲਿ ਵਰਸਦੈ ਤਿਖ ਮਰਹਿ ਭਾਗ ਤਿਨਾ ਕੇ ਨਾਹਿ॥		Eaethai Jal Varasadhai Thikh Marehi Bhaag Thinaa Kae Naahi ||	With so much rain, those who are die of thirst are very unfortunate.	ਇਤਨੀ ਵਰਖਾ ਹੁੰਦਿਆਂ ਜੋ ਤਿਹਾਏ ਮਰ ਰਹੇ ਹਨ ਉਹਨਾਂ ਦੇ (ਚੰਗੇ) ਭਾਗ ਨਹੀਂ ਹਨ।
55044	1282	ਨਾਨਕ ਗੁਰਮੁਖਿ ਤਿਨ ਸੋਝੀ ਪਈ ਜਿਨ ਵਸਿਆ ਮਨ ਮਾਹਿ॥੨॥		Naanak Guramukh Thin Sojhee Pee Jin Vasiaa Man Maahi ||2||	O Nanak, the Gurmukhs understand; the Lord abides within their minds. ||2||	ਹੇ ਨਾਨਕ! ਗੁਰੂ ਦੀ ਰਾਹੀਂ ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ ਆ ਵੱਸਦਾ ਹੈ ਉਹਨਾਂ ਨੂੰ ਇਹ ਸੂਝ ਆਉਂਦੀ ਹੈ (ਕਿ ਪ੍ਰਭੂ ਹਰ ਥਾਂ ਵੱਸਦਾ ਹੈ) ॥੨॥
55045	1282	ਪਉੜੀ॥		Pourree ||	Pauree:	
55046	1282	ਨਾਥ ਜਤੀ ਸਿਧ ਪੀਰ ਕਿਨੈ ਅੰਤੁ ਨ ਪਾਇਆ॥		Naathh Jathee Sidhh Peer Kinai Anth N Paaeiaa ||	The Yogic Masters, celibates, Siddhas and spiritual teachers - none of them has found the limits of the Lord.	(ਹੇ ਪ੍ਰਭੂ!) ਨਾਥ, ਜਤੀ, ਪੁੱਗੇ ਹੋਏ ਜੋਗੀ, ਪੀਰ (ਕਈ ਹੋ ਗੁਜ਼ਰੇ ਹਨ, ਪਰ,) ਕਿਸੇ ਨੇ ਤੇਰਾ ਅੰਤ ਨਹੀਂ ਪਾਇਆ (ਭਾਵ, ਤੂੰ ਕਿਹੋ ਜਿਹਾ ਹੈਂ ਕਦੋਂ ਤੋਂ ਹੈਂ, ਕੇਡਾ ਹੈਂ-ਇਹ ਗੱਲ ਕੋਈ ਨਹੀਂ ਦੱਸ ਸਕਿਆ, ਕਈ ਜਤਨ ਕਰ ਚੁਕੇ)।
55047	1282	ਗੁਰਮੁਖਿ ਨਾਮੁ ਧਿਆਇ ਤੁਝੈ ਸਮਾਇਆ॥		Guramukh Naam Dhhiaae Thujhai Samaaeiaa ||	The Gurmukhs meditate on the Naam, and merge in You, O Lord.	ਗੁਰੂ ਦੀ ਸਿੱਖਿਆ ਉਤੇ ਤੁਰਨ ਵਾਲੇ ਮਨੁੱਖ (ਅਜੇਹੇ ਨਿਸਫਲ ਉੱਦਮ ਛੱਡ ਕੇ, ਕੇਵਲ ਤੇਰਾ) ਨਾਮ ਸਿਮਰ ਕੇ ਤੇਰੇ (ਚਰਨਾਂ ਵਿਚ) ਲੀਨ ਰਹਿੰਦੇ ਹਨ।

55048	1282	ਜੁਗ ਛਤੀਹ ਗੁਬਾਰੁ ਤਿਸ ਹੀ ਭਾਇਆ॥		Jug Shhatheeh Gubaar This Hee Bhaaeiaa ||	For thirty-six ages, God remained in utter darkness, as He pleased.	ਇਹ ਗੱਲ ਉਸ ਪ੍ਰਭੂ ਨੂੰ ਇਉਂ ਹੀ ਚੰਗੀ ਲੱਗੀ ਹੈ ਕਿ ਅਨੇਕਾਂ ਜੁਗ ਹਨੇਰਾ ਹੀ ਹਨੇਰਾ ਸੀ (ਭਾਵ, ਇਹ ਕਿਹਾ ਨਹੀਂ ਜਾ ਸਕਦਾ ਕਿ ਜਦੋਂ ਜਗਤ-ਰਚਨਾ ਨਹੀਂ ਸੀ ਹੋਈ ਤਦੋਂ ਕੀਹ ਸੀ);
55049	1282	ਜਲਾ ਬਿੰਬੁ ਅਸਰਾਲੁ ਤਿਨੈ ਵਰਤਾਇਆ॥	(ਬਿੰਬੁ) ਪਾਣੀ, (ਅਸਰਾਲੁ) ਭੈਦਾਇਕ	Jalaa Binb Asaraal Thinai Varathaaeiaa ||	The vast expanse of water swirled around.	ਫਿਰ ਭਿਆਨਕ ਜਲ ਹੀ ਜਲ-ਇਹ ਖੇਡ ਭੀ ਉਸੇ ਨੇ ਵਰਤਾਈ;
55050	1282	ਨੀਲੁ ਅਨੀਲੁ ਅਗੰਮੁ ਸਰਜੀਤੁ ਸਬਾਇਆ॥	(ਸਰਜੀਤੁ) ਸਦਾ ਜੀਵਣ ਵਾਲਾ	Neel Aneel Aganm Sarajeeth Sabaaeiaa ||	The Creator of all is Infinite, Endless and Inaccessible.	ਤੇ, ਉਹ ਸਦਾ ਜੀਉਂਦਾ ਰਹਿਣ ਵਾਲਾ ਪ੍ਰਭੂ ਆਪ ਬੇਅੰਤ ਹੀ ਬੇਅੰਤ ਅਤੇ ਪਹੁੰਚ ਤੋਂ ਪਰੇ-
55051	1282	ਅਗਨਿ ਉਪਾਈ ਵਾਦੁ ਭੁਖ ਤਿਹਾਇਆ॥		Agan Oupaaee Vaadh Bhukh Thihaaeiaa ||	He formed fire and conflict, hunger and thirst.	(ਜਦੋਂ ਉਸ ਨੇ ਜਗਤ-ਰਚਨਾ ਕਰ ਦਿੱਤੀ, ਤਦੋਂ) ਤ੍ਰਿਸ਼ਨਾ ਦੀ ਅੱਗ, ਵਾਦ-ਵਿਵਾਦ ਤੇ ਭੁੱਖ ਤ੍ਰਿਹ ਭੀ ਉਸ ਨੇ ਆਪ ਹੀ ਪੈਦਾ ਕਰ ਦਿੱਤੇ।
55052	1282	ਦੁਨੀਆ ਕੈ ਸਿਰਿ ਕਾਲੁ ਦੂਜਾ ਭਾਇਆ॥		Dhuneeaa Kai Sir Kaal Dhoojaa Bhaaeiaa ||	Death hangs over the heads of the people of the world, in the love of duality.	ਦੁਨੀਆ (ਭਾਵ, ਜੀਵਾਂ) ਦੇ ਸਿਰ ਉਤੇ ਮੌਤ (ਦਾ ਡਰ ਭੀ ਉਸੇ ਨੇ ਪੈਦਾ ਕੀਤਾ ਹੈ; ਕਿਉਂਕਿ ਇਹਨਾਂ ਨੂੰ) ਇਹ ਦੂਜਾ (ਭਾਵ, ਪ੍ਰਭੂ ਨੂੰ ਛੱਡ ਕੇ ਇਹ ਦਿੱਸਦਾ ਜਗਤ) ਪਿਆਰਾ ਲੱਗ ਰਿਹਾ ਹੈ।

55053	1282	ਰਖੈ ਰਖਣਹਾਰੁ ਜਿਨਿ ਸਬਦੁ ਬੁਝਾਇਆ॥੯॥	ਬੁੱਝਾਇਆ	Rakhai Rakhanehaar Jin Sabadh Bujhaaeiaa ||9||	The Savior Lord saves those who realize the Word of the Shabad. ||9||	ਪਰ, ਰੱਖਣ ਦੇ ਸਮਰੱਥ ਪ੍ਰਭੂ ਜਿਸ ਨੇ (ਗੁਰੂ ਦੀ ਰਾਹੀਂ) ਸ਼ਬਦ ਦੀ ਸੂਝ ਬਖ਼ਸ਼ੀ ਹੈ (ਇਹਨਾਂ ਅਗਨਿ, ਵਾਦ, ਭੁਖ, ਤ੍ਰਿਹ ਤੇ ਕਾਲ ਆਦਿਕ ਤੋਂ) ਰੱਖਦਾ ਭੀ ਆਪ ਹੀ ਹੈ ॥੯॥
55054	1282	ਸਲੋਕ ਮਃ ੩॥		Salok Ma 3 ||	Shalok, Third Mehl:	
55055	1282	ਇਹੁ ਜਲੁ ਸਭਤੈ ਵਰਸਦਾ ਵਰਸੈ ਭਾਇ ਸੁਭਾਇ॥		Eihu Jal Sabh Thai Varasadhaa Varasai Bhaae Subhaae ||	This rain pours down on all; it rains down in accordance with God's Loving Will.	(ਪ੍ਰਭੂ ਦਾ ਨਾਮ-ਰੂਪ) ਇਹ ਜਲ (ਭਾਵ, ਮੀਂਹ) ਹਰ ਥਾਂ ਵੱਸ ਰਿਹਾ ਹੈ ਤੇ ਵਰ੍ਹਦਾ ਭੀ ਹੈ ਪ੍ਰੇਮ ਨਾਲ ਤੇ ਆਪਣੀ ਮੌਜ ਨਾਲ (ਭਾਵ, ਕਿਸੇ ਵਿਤਕਰੇ ਨਾਲ ਨਹੀਂ),
55056	1282	ਸੇ ਬਿਰਖਾ ਹਰੀਆਵਲੇ ਜੋ ਗੁਰਮੁਖਿ ਰਹੇ ਸਮਾਇ॥	ਹਰੀ-ਆਵਲੇ: ਬਿਹਾਰੀ ਦੱਬ ਕੇ ਬੋਲੋ	Sae Birakhaa Hareeaavalae Jo Guramukh Rehae Samaae ||	Those trees become green and lush, which remain immersed in the Guru's Word.	ਪਰ, ਕੇਵਲ ਉਹੀ (ਜੀਵ-ਰੂਪ) ਰੁੱਖ ਹਰੇ ਹੁੰਦੇ ਹਨ ਜੋ ਗੁਰੂ ਦੇ ਸਨਮੁਖ ਹੋ ਕੇ (ਇਸ 'ਨਾਮ' ਵਰਖਾ ਵਿਚ) ਲੀਨ ਰਹਿੰਦੇ ਹਨ।
55057	1282	ਨਾਨਕ ਨਦਰੀ ਸੁਖੁ ਹੋਇ ਏਨਾ ਜੰਤਾ ਕਾ ਦੁਖੁ ਜਾਇ॥੧॥		Naanak Nadharee Sukh Hoe Eaenaa Janthaa Kaa Dhukh Jaae ||1||	O Nanak, by His Grace, there is peace; the pain of these creatures is gone. ||1||	ਹੇ ਨਾਨਕ! ਪ੍ਰਭੂ ਦੀ ਮਿਹਰ ਦੀ ਨਜ਼ਰ ਨਾਲ ਸੁਖ ਪੈਦਾ ਹੁੰਦਾ ਹੈ ਤੇ ਇਹਨਾਂ ਜੀਵਾਂ ਦਾ ਦੁੱਖ ਦੂਰ ਹੁੰਦਾ ਹੈ ॥੧॥
55058	1282	ਮਃ ੩॥		Ma 3 ||	Third Mehl:	

55059	1282	ਭਿੰਨੀ ਰੈਣਿ ਚਮਕਿਆ ਵੁਠਾ ਛਹਬਰ ਲਾਇ॥		Bhinnee Rain Chamakiaa Vuthaa Shhehabar Laae ||	The night is wet with dew; lightning flashes, and the rain pours down in torrents.	(ਤਦੋਂ) ਸੁਹਾਵਣੀ ਰਾਤੇ (ਬੱਦਲ) ਚਮਕਦਾ ਹੈ ਤੇ ਝੜੀ ਲਾ ਕੇ ਵਰ੍ਹਦਾ ਹੈ,
55060	1282	ਜਿਤੁ ਵੁਠੈ ਅਨੁ ਧਨੁ ਬਹੁਤੁ ਊਪਜੈ ਜਾਂ ਸਹੁ ਕਰੇ ਰਜਾਇ॥		Jith Vuthai An Dhhan Bahuth Oopajai Jaan Sahu Karae Rajaae ||	Food and wealth are produced in abundance when it rains, if it is the Will of God.	ਜਦੋਂ ਪ੍ਰਭੂ ਨੂੰ ਭਾਉਂਦਾ ਹੈ। ਇਸ ਦੇ ਵੱਸਣ ਨਾਲ ਬੜਾ ਅੰਨ (-ਰੂਪ) ਧਨ ਪੈਦਾ ਹੁੰਦਾ ਹੈ।
55061	1282	ਜਿਤੁ ਖਾਧੈ ਮਨੁ ਤ੍ਰਿਪਤੀਐ ਜੀਆਂ ਜੁਗਤਿ ਸਮਾਇ॥		Jith Khaadhhai Man Thripatheeai Jeeaaan Jugath Samaae ||	Consuming it, the minds of His creatures are satisfied, and they adopt the lifestyle of the way.	ਇਸ ਧਨ ਦੇ ਵਰਤਣ ਨਾਲ ਮਨ ਰੱਜਦਾ ਹੈ ਤੇ ਜੀਵਾਂ ਵਿਚ ਜੀਊਣ ਦੀ ਜੁਗਤੀ ਆਉਂਦੀ ਹੈ (ਭਾਵ, ਅੰਨ ਖਾਧਿਆਂ ਜੀਵ ਜੀਊਂਦੇ ਹਨ)।
55062	1282	ਇਹੁ ਧਨੁ ਕਰਤੇ ਕਾ ਖੇਲੁ ਹੈ ਕਦੇ ਆਵੈ ਕਦੇ ਜਾਇ॥		Eihu Dhhan Karathae Kaa Khael Hai Kadhae Aavai Kadhae Jaae ||	This wealth is the play of the Creator Lord. Sometimes it comes, and sometimes it goes.	ਪਰ, ਇਹ (ਅੰਨ-ਰੂਪ) ਧਨ ਤਾਂ ਕਰਤਾਰ ਦਾ ਇਕ ਤਮਾਸ਼ਾ ਹੈ ਜੋ ਕਦੇ ਪੈਦਾ ਹੁੰਦਾ ਹੈ ਕਦੇ ਨਾਸ ਹੋ ਜਾਂਦਾ ਹੈ।
55063	1282	ਗਿਆਨੀਆ ਕਾ ਧਨੁ ਨਾਮੁ ਹੈ ਸਦ ਹੀ ਰਹੈ ਸਮਾਇ॥		Giaaneeaa Kaa Dhhan Naam Hai Sadh Hee Rehai Samaae ||	The Naam is the wealth of the spiritually wise. It is permeating and pervading forever.	ਪਰਮਾਤਮਾ ਨਾਲ ਡੂੰਘੀ ਸਾਂਝ ਰੱਖਣ ਵਾਲੇ ਬੰਦਿਆਂ ਲਈ ਪ੍ਰਭੂ ਦਾ ਨਾਮ ਹੀ ਧਨ ਹੈ ਜੋ ਸਦਾ ਟਿਕਿਆ ਰਹਿੰਦਾ ਹੈ।

55064	1282	ਨਾਨਕ ਜਿਨ ਕਉ ਨਦਰਿ ਕਰੇ ਤਾਂ ਇਹੁ ਧਨੁ ਪਲੈ ਪਾਇ॥੨॥		Naanak Jin Ko Nadhar Karae Thaan Eihu Dhhan Palai Paae ||2||	O Nanak, those who are blessed with His Glance of Grace receive this wealth. ||2||	ਹੇ ਨਾਨਕ! ਜਿਨ੍ਹਾਂ ਉਤੇ ਪ੍ਰਭੂ ਮਿਹਰ ਦੀ ਨਜ਼ਰ ਕਰਦਾ ਹੈ ਉਹਨਾਂ ਨੂੰ ਇਹ ਧਨ ਬਖ਼ਸ਼ਦਾ ਹੈ ॥੨॥
55065	1282	ਪਉੜੀ॥		Pourree ||	Pauree:	
55066	1282	ਆਪਿ ਕਰਾਏ ਕਰੇ ਆਪਿ ਹਉ ਕੈ ਸਿਉ ਕਰੀ ਪੁਕਾਰ॥		Aap Karaaeae Karae Aap Ho Kai Sio Karee Pukaar ||	He Himself does, and causes all to be done. Unto whom can I complain?	ਪ੍ਰਭੂ (ਸਭ ਕੁਝ) ਆਪ ਹੀ ਕਰ ਰਿਹਾ ਹੈ ਤੇ (ਜੀਵਾਂ ਪਾਸੋਂ) ਆਪ ਹੀ ਕਰਾ ਰਿਹਾ ਹੈ (ਸੋ, ਇਸ ਅਗਨਿ, ਵਾਦੁ, ਭੁੱਖ, ਤ੍ਰੇਹ, ਕਾਲ ਆਦਿਕ ਬਾਰੇ) ਕਿਸੇ ਹੋਰ ਪਾਸ ਫ਼ਰਿਆਦ ਨਹੀਂ ਕੀਤੀ ਜਾ ਸਕਦੀ।
55067	1282	ਆਪੇ ਲੇਖਾ ਮੰਗਸੀ ਆਪਿ ਕਰਾਏ ਕਾਰ॥		Aapae Laekhaa Mangasee Aap Karaaeae Kaar ||	He Himself calls the mortal beings to account; He Himself causes them to act.	(ਜੀਵਾਂ ਪਾਸੋਂ) ਆਪ ਹੀ (ਭੁੱਖ ਤ੍ਰੇਹ ਆਦਿਕ ਵਾਲੇ) ਕੰਮ ਕਰਾ ਰਿਹਾ ਹੈ ਤੇ (ਇਹਨਾਂ ਕੀਤੇ ਕੰਮਾਂ ਦਾ) ਲੇਖਾ ਭੀ ਆਪ ਹੀ ਮੰਗਦਾ ਹੈ।
55068	1282	ਜੋ ਤਿਸੁ ਭਾਵੈ ਸੋ ਥੀਐ ਹੁਕਮੁ ਕਰੇ ਗਾਵਾਰੁ॥		Jo This Bhaavai So Thheeai Hukam Karae Gaavaar ||	Whatever pleases Him happens. Only a fool issues commands.	ਮੂਰਖ ਜੀਵ (ਐਵੇਂ ਹੀ) ਹੈਂਕੜ ਵਿਖਾਂਦਾ ਹੈ (ਅਸਲ ਵਿਚ) ਉਹੀ ਕੁਝ ਹੁੰਦਾ ਹੈ ਜੋ ਉਸ ਪ੍ਰਭੂ ਨੂੰ ਚੰਗਾ ਲੱਗਦਾ ਹੈ।
55069	1282	ਆਪਿ ਛਡਾਏ ਛੁਟੀਐ ਆਪੇ ਬਖਸਣਹਾਰੁ॥		Aap Shhaddaaeae Shhutteeai Aapae Bakhasanehaar ||	He Himself saves and redeems; He Himself is the Forgiver.	(ਇਹਨਾਂ ਅਗਨਿ ਭੁੱਖ ਆਦਿਕਾਂ ਤੋਂ) ਜੇ ਪ੍ਰਭੂ ਆਪ ਹੀ ਬਚਾਏ ਤਾਂ ਬਚੀਦਾ ਹੈ, ਇਹ ਬਖ਼ਸ਼ਸ਼ ਉਹ ਆਪ ਹੀ ਕਰਨ ਵਾਲਾ ਹੈ।

55070	1282	ਆਪੇ ਵੇਖੈ ਸੁਣੇ ਆਪਿ ਸਭਸੈ ਦੇ ਆਧਾਰੁ॥		Aapae Vaekhai Sunae Aap Sabhasai Dhae Aadhhaar ||	He Himself sees, and He Himself hears; He gives His Support to all.	ਜੀਵਾਂ ਦੀ ਸੰਭਾਲ ਪ੍ਰਭੂ ਆਪ ਹੀ ਕਰਦਾ ਹੈ, ਆਪ ਹੀ (ਜੀਵਾਂ ਦੀਆਂ ਅਰਦਾਸਾਂ) ਸੁਣਦਾ ਹੈ ਤੇ ਹਰੇਕ ਜੀਵ ਨੂੰ ਆਸਰਾ ਦੇਂਦਾ ਹੈ।
55071	1282	ਸਭ ਮਹਿ ਏਕੁ ਵਰਤਦਾ ਸਿਰਿ ਸਿਰਿ ਕਰੇ ਬੀਚਾਰੁ॥		Sabh Mehi Eaek Varathadhaa Sir Sir Karae Beechaar ||	He alone is pervading and permeating all; He considers each and every one.	ਸਭ ਜੀਵਾਂ ਵਿਚ ਪ੍ਰਭੂ ਆਪ ਹੀ ਮੌਜੂਦ ਹੈ ਤੇ ਹਰੇਕ ਜੀਵ ਦਾ ਧਿਆਨ ਰੱਖਦਾ ਹੈ।
55072	1283	ਗੁਰਮੁਖਿ ਆਪੁ ਵੀਚਾਰੀਐ ਲਗੈ ਸਚਿ ਪਿਆਰੁ॥		Guramukh Aap Veechaareeai Lagai Sach Piaar ||	The Gurmukh reflects on the self, lovingly attached to the True Lord.	ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਹ ਆਪਣੇ ਆਤਮਕ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ, ਤੇ ਉਸ ਦਾ ਪਿਆਰ (ਇਹਨਾਂ ਭੁੱਖ ਤ੍ਰਿਹ ਆਦਿਕ ਵਾਲੇ ਪਦਾਰਥਾਂ ਦੇ ਥਾਂ) ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਬਣਦਾ ਹੈ।
55073	1283	ਨਾਨਕ ਕਿਸ ਨੋ ਆਖੀਐ ਆਪੇ ਦੇਵਣਹਾਰੁ॥੧੦॥		Naanak Kis No Aakheeai Aapae Dhaevanehaar ||10||	O Nanak, whom can we ask? He Himself is the Great Giver. ||10||	ਪਰ, ਹੇ ਨਾਨਕ! ਇਹ ਦਾਤ ਉਹ ਆਪ ਹੀ ਦੇਂਦਾ ਹੈ, ਕਿਸੇ ਹੋਰ ਅੱਗੇ ਕੁਝ ਕਿਹਾ ਨਹੀਂ ਜਾ ਸਕਦਾ ॥੧੦॥
55074	1283	ਸਲੋਕ ਮਃ ੩॥		Salok Ma 3 ||	Shalok, Third Mehl:	

55075	1283	ਬਾਬੀਹਾ ਏਹੁ ਜਗਤੁ ਹੈ ਮਤ ਕੋ ਭਰਮਿ ਭੁਲਾਇ॥	ਜੱਗਤੁ। ਭੁੱਲਾਇ	Baabeehaa Eaehu Jagath Hai Math Ko Bharam Bhulaae ||	This world is a rainbird; let no one be deluded by doubt.	(ਲਫ਼ਜ਼ ਪਪੀਹਾ ਸੁਣ ਕੇ) ਮਤਾਂ ਕੋਈ ਭੁਲੇਖਾ ਖਾ ਜਾਏ, ਪਪੀਹਾ ਇਹ ਜਗਤ ਹੈ,
55076	1283	ਇਹੁ ਬਾਬੀਂਹਾ ਪਸੂ ਹੈ ਇਸ ਨੋ ਬੂਝਣੁ ਨਾਹਿ॥		Eihu Baabeenehaa Pasoo Hai Eis No Boojhan Naahi ||	This rainbird is an animal; it has no understanding at all.	ਇਹ ਪਪੀਹਾ (-ਜੀਵ) ਪਸ਼ੂ (-ਸੁਭਾਉ) ਹੈ, ਇਸ ਨੂੰ ਇਹ ਸਮਝ ਨਹੀਂ,
55077	1283	ਅੰਮ੍ਰਿਤੁ ਹਰਿ ਕਾ ਨਾਮੁ ਹੈ ਜਿਤੁ ਪੀਤੈ ਤਿਖ ਜਾਇ॥		Anmrith Har Kaa Naam Hai Jith Peethai Thikh Jaae ||	The Name of the Lord is Ambrosial Nectar; drinking it in, thirst is quenched.	(ਕਿ) ਪਰਮਾਤਮਾ ਦਾ ਨਾਮ (ਐਸਾ) ਅੰਮ੍ਰਿਤ ਹੈ ਜਿਸ ਨੂੰ ਪੀਤਿਆਂ (ਮਾਇਆ ਦੀ) ਤ੍ਰਿਹ ਮਿਟ ਜਾਂਦੀ ਹੈ।
55078	1283	ਨਾਨਕ ਗੁਰਮੁਖਿ ਜਿਨ੍ ਪੀਆ ਤਿਨ੍ਬਹੁੜਿ ਨ ਲਾਗੀ ਆਇ॥੧॥		Naanak Guramukh Jinh Peeaa Thinh Bahurr N Laagee Aae ||1||	O Nanak, those Gurmukhs who drink it in shall never again be afflicted by thirst. ||1||	ਹੇ ਨਾਨਕ! ਜਿਨ੍ਹਾਂ ਬੰਦਿਆਂ ਨੇ ਗੁਰੂ ਦੇ ਸਨਮੁਖ ਹੋ ਕੇ (ਨਾਮ-ਅੰਮ੍ਰਿਤ) ਪੀਤਾ ਹੈ ਉਹਨਾਂ ਨੂੰ ਮੁੜ ਕੇ (ਮਾਇਆ ਦੀ) ਤ੍ਰੇਹ ਨਹੀਂ ਲੱਗਦੀ ॥੧॥
55079	1283	ਮਃ ੩॥		Ma 3 ||	Third Mehl:	
55080	1283	ਮਲਾਰੁ ਸੀਤਲ ਰਾਗੁ ਹੈ ਹਰਿ ਧਿਆਇਐ ਸਾਂਤਿ ਹੋਇ॥		Malaar Seethal Raag Hai Har Dhhiaaeiai Saanth Hoe ||	Malaar is a calming and soothing raga; meditating on the Lord brings peace and tranquility.	(ਭਾਵੇਂ) 'ਮਲਾਰ' ਠੰਢਾ ਰਾਗ ਹੈ (ਭਾਵ, ਠੰਢ ਪਾਣ ਵਾਲਾ ਹੈ), ਪਰ (ਅਸਲ) ਸ਼ਾਂਤੀ ਤਾਂ ਹੀ ਹੁੰਦੀ ਹੈ ਜੇ (ਇਸ ਰਾਗ ਦੀ ਰਾਹੀਂ) ਪ੍ਰਭੂ ਦੀ ਸਿਫ਼ਤ-ਸਾਲਾਹ ਕਰੀਏ।

55081	1283	ਹਰਿ ਜੀਉ ਅਪਣੀ ਕ੍ਰਿਪਾ ਕਰੇ ਤਾਂ ਵਰਤੈ ਸਭ ਲੋਇ॥		Har Jeeo Apanee Kirapaa Karae Thaan Varathai Sabh Loe ||	When the Dear Lord grants His Grace, then the rain falls on all the people of the world.	ਜੇ ਪ੍ਰਭੂ ਆਪਣੀ ਦਇਆ ਕਰੇ ਤਾਂ (ਇਹ ਸ਼ਾਂਤੀ) ਸਾਰੇ ਜਗਤ ਵਿਚ (ਇਉਂ) ਵਰਤੇ,
55082	1283	ਵੁਠੈ ਜੀਆ ਜੁਗਤਿ ਹੋਇ ਧਰਣੀ ਨੋ ਸੀਗਾਰੁ ਹੋਇ॥		Vuthai Jeeaa Jugath Hoe Dhharanee No Seegaar Hoe ||	From this rain, all creatures find the ways and means to live, and the earth is embellished.	ਜਿਵੇਂ ਮੀਂਹ ਪਿਆਂ ਜੀਵਾਂ ਵਿਚ ਜੀਵਨ-ਜੁਗਤੀ (ਭਾਵ, ਸੱਤਿਆ) ਆਉਂਦੀ ਹੈ ਅਤੇ ਧਰਤੀ ਨੂੰ ਹੀ ਹਰਿਆਵਲ ਰੂਪ ਸੁਹੱਪਣ ਮਿਲ ਜਾਂਦਾ ਹੈ।
55083	1283	ਨਾਨਕ ਇਹੁ ਜਗਤੁ ਸਭੁ ਜਲੁ ਹੈ ਜਲ ਹੀ ਤੇ ਸਭ ਕੋਇ॥	ਜੱਗਤੁ	Naanak Eihu Jagath Sabh Jal Hai Jal Hee Thae Sabh Koe ||	O Nanak, this world is all water; everything came from water.	ਹੇ ਨਾਨਕ! (ਅਸਲ ਵਿਚ) ਇਹ ਜਗਤ ਪਰਮਾਤਮਾ ਦਾ ਰੂਪ ਹੈ (ਕਿਉਂਕਿ) ਹਰੇਕ ਜੀਵ ਪਰਮਾਤਮਾ ਤੋਂ ਹੀ ਪੈਦਾ ਹੁੰਦਾ ਹੈ;
55084	1283	ਗੁਰ ਪਰਸਾਦੀ ਕੋ ਵਿਰਲਾ ਬੂਝੈ ਸੋ ਜਨੁ ਮੁਕਤੁ ਸਦਾ ਹੋਇ॥੨॥		Gur Parasaadhee Ko Viralaa Boojhai So Jan Mukath Sadhaa Hoe ||2||	By Guru's Grace, a rare few realize the Lord; such humble beings are liberated forever. ||2||	ਪਰ ਕੋਈ ਵਿਰਲਾ ਬੰਦਾ (ਇਹ ਗੱਲ) ਗੁਰੂ ਦੀ ਮਿਹਰ ਨਾਲ ਸਮਝਦਾ ਹੈ (ਤੇ ਜੋ ਸਮਝ ਲੈਂਦਾ ਹੈ) ਉਹ ਮਨੁੱਖ ਵਿਕਾਰਾਂ ਤੋਂ ਰਹਿਤ ਹੋ ਜਾਂਦਾ ਹੈ ॥੨॥
55085	1283	ਪਉੜੀ॥		Pourree ||	Pauree:	
55086	1283	ਸਚਾ ਵੇਪਰਵਾਹੁ ਇਕੋ ਤੂ ਧਣੀ॥		Sachaa Vaeparavaahu Eiko Thoo Dhhanee ||	O True and Independent Lord God, You alone are my Lord and Master.	ਹੇ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਵੇਪਰਵਾਹ (ਬੇ-ਮੁਥਾਜ) ਮਾਲਕ ਹੈ;

55087	1283	ਤੂ ਸਭੁ ਕਿਛੁ ਆਪੇ ਆਪਿ ਦੂਜੇ ਕਿਸੁ ਗਣੀ॥		Thoo Sabh Kishh Aapae Aap Dhoojae Kis Ganee ||	You Yourself are everything; who else is of any account?	ਤੂੰ ਆਪ ਹੀ ਸਭ ਕੁਝ (ਕਰਨ ਕਰਾਨ ਜੋਗਾ) ਹੈਂ, ਕੇਹੜੇ ਦੂਜੇ ਨੂੰ ਮੈਂ ਤੇਰੇ ਵਰਗਾ ਮਿਥਾਂ?
55088	1283	ਮਾਣਸ ਕੂੜਾ ਗਰਬੁ ਸਚੀ ਤੁਧੁ ਮਣੀ॥		Maanas Koorraa Garab Sachee Thudhh Manee ||	False is the pride of man. True is Your glorious greatness.	(ਦੁਨੀਆ ਦੀ ਕਿਸੇ ਵਡਿਆਈ ਨੂੰ ਪ੍ਰਾਪਤ ਕਰ ਕੇ) ਮਨੁੱਖ ਦਾ (ਕੋਈ) ਅਹੰਕਾਰ ਕਰਨਾ ਵਿਅਰਥ ਹੈ ਤੇਰੀ ਵਡਿਆਈ ਹੀ ਸਦਾ ਕਾਇਮ ਰਹਿਣ ਵਾਲੀ ਹੈ;
55089	1283	ਆਵਾ ਗਉਣੁ ਰਚਾਇ ਉਪਾਈ ਮੇਦਨੀ॥		Aavaa Goun Rachaae Oupaaee Maedhanee ||	Coming and going in reincarnation, the beings and species of the world came into being.	ਤੂੰ ਹੀ 'ਜਨਮ ਮਰਨ' (ਦੀ ਮਰਯਾਦਾ) ਬਣਾ ਕੇ ਸ੍ਰਿਸ਼ਟੀ ਪੈਦਾ ਕੀਤੀ ਹੈ।
55090	1283	ਸਤਿਗੁਰੁ ਸੇਵੇ ਆਪਣਾ ਆਇਆ ਤਿਸੁ ਗਣੀ॥		Sathigur Saevae Aapanaa Aaeiaa This Ganee ||	But if the mortal serves his True Guru, his coming into the world is judged to be worthwhile.	ਜਿਹੜਾ ਮਨੁੱਖ ਆਪਣੇ ਗੁਰੂ ਦੇ ਕਹੇ ਉਤੇ ਤੁਰਦਾ ਹੈ ਉਸ ਦਾ (ਜਗਤ ਵਿਚ) ਆਉਣਾ ਸਫਲ ਹੈ।
55091	1283	ਜੇ ਹਉਮੈ ਵਿਚਹੁ ਜਾਇ ਤ ਕੇਹੀ ਗਣਤ ਗਣੀ॥		Jae Houmai Vichahu Jaae Th Kaehee Ganath Ganee ||	And if he eradicates eogtism from within himself, then how can he be judged?	ਜੇ ਮਨੁੱਖ ਦੇ ਅੰਦਰੋਂ ਹਉਮੈ ਦੂਰ ਹੋ ਜਾਏ ਤਾਂ (ਤ੍ਰਿਸ਼ਨਾ ਆਦਿਕ ਦੇ ਅਧੀਨ ਹੋ ਕੇ) ਤੌਖ਼ਲੇ ਕਰਨ ਦੀ ਲੋੜ ਨਹੀਂ ਰਹਿ ਜਾਂਦੀ।

55092	1283	ਮਨਮੁਖ ਮੋਹਿ ਗੁਬਾਰਿ ਜਿਉ ਭੁਲਾ ਮੰਝਿ ਵਣੀ॥		Manamukh Mohi Gubaar Jio Bhulaa Manjh Vanee ||	The self-willed manmukh is lost in the darkness of emotional attachment, like the man lost in the wilderness.	(ਪਰ) ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮੋਹ-ਰੂਪ ਹਨੇਰੇ ਵਿਚ (ਇਉਂ) ਭਟਕ ਰਿਹਾ ਹੈ, ਜਿਵੇਂ (ਰਾਹੋਂ) ਭੁੱਲਾ ਹੋਇਆ ਮਨੁੱਖ ਜੰਗਲਾਂ ਵਿਚ (ਭਟਕਦਾ ਹੈ)।
55093	1283	ਕਟੇ ਪਾਪ ਅਸੰਖ ਨਾਵੈ ਇਕ ਕਣੀ॥੧੧॥	ਨਾਵੈ:ਨਾਮੁ। ਨਾਵੈ: ਨਨੇ ਹਲੰਤ ਨ ਲਾਉ	Kattae Paap Asankh Naavai Eik Kanee ||11||	Countless sins are erased, by even a tiny particle of the Lord's Name. ||11||	ਪ੍ਰਭੂ ਆਪਣੇ 'ਨਾਮ' ਦਾ ਇਕ ਕਿਣਕਾ ਦੇ ਕੇ ਬੇਅੰਤ ਪਾਪ ਕੱਟ ਦੇਂਦਾ ਹੈ ॥੧੧॥
55094	1283	ਸਲੋਕ ਮਃ ੩॥		Salok Ma 3 ||	Shalok, Third Mehl:	
55095	1283	ਬਾਬੀਹਾ ਖਸਮੈ ਕਾ ਮਹਲੁ ਨ ਜਾਣਹੀ ਮਹਲੁ ਦੇਖਿ ਅਰਦਾਸਿ ਪਾਇ॥		Baabeehaa Khasamai Kaa Mehal N Jaanehee Mehal Dhaekh Aradhaas Paae ||	O rainbird, you do not know the Mansion of your Lord and Master's Presence. Offer your prayers to see this Mansion.	ਹੇ (ਜੀਵ) ਪਪੀਹੇ! ਤੂੰ ਆਪਣੇ ਮਾਲਕ ਦਾ ਘਰ ਨਹੀਂ ਜਾਣਦਾ (ਤਾਹੀਂਏ ਮਾਇਆ ਦੀ ਤ੍ਰਿਸ਼ਨਾ ਨਾਲ ਆਤੁਰ ਹੋ ਰਿਹਾ ਹੈਂ), (ਮਾਲਕ ਦਾ) ਘਰ ਵੇਖਣ ਲਈ ਅਰਜ਼ੋਈ ਕਰ।
55096	1283	ਆਪਣੈ ਭਾਣੈ ਬਹੁਤਾ ਬੋਲਹਿ ਬੋਲਿਆ ਥਾਇ ਨ ਪਾਇ॥		Aapanai Bhaanai Bahuthaa Bolehi Boliaa Thhaae N Paae ||	You speak as you please, but your speech is not accepted.	(ਜਿਤਨਾ ਚਿਰ) ਤੂੰ ਆਪਣੇ (ਮਨ ਦੀ) ਮਰਜ਼ੀ ਪਿੱਛੇ ਤੁਰ ਕੇ ਬਹੁਤਾ ਬੋਲਦਾ ਹੈਂ, ਇਹ ਬੋਲਣਾ ਪ੍ਰਵਾਨ ਨਹੀਂ ਹੁੰਦਾ।

55097	1283	ਖਸਮੁ ਵਡਾ ਦਾਤਾਰੁ ਹੈ ਜੋ ਇਛੇ ਸੋ ਫਲ ਪਾਇ ॥		Khasam Vaddaa Dhaathaar Hai Jo Eishhae So Fal Paae ||	Your Lord and Master is the Great Giver; whatever you desire, you shall receive from Him.	(ਹੇ ਜੀਵ!) ਮਾਲਕ ਬੜੀਆਂ ਬਖ਼ਸ਼ਸ਼ਾਂ ਕਰਨ ਵਾਲਾ ਹੈ (ਉਸ ਦੇ ਦਰ ਤੇ ਪਿਆਂ) ਜੋ ਮੰਗੀਏ ਸੋ ਮਿਲ ਜਾਂਦਾ ਹੈ।
55098	1283	ਬਾਬੀਹਾ ਕਿਆ ਬਪੁੜਾ ਜਗਤੈ ਕੀ ਤਿਖ ਜਾਇ॥੧॥		Baabeehaa Kiaa Bapurraa Jagathai Kee Thikh Jaae ||1||	Not only the thirst of the poor rainbird, but the thirst of the whole world is quenched. ||1||	ਇਹ (ਜੀਵ) ਪਪੀਹਾ ਵਿਚਾਰਾ ਕੀਹ ਹੈ? (ਪ੍ਰਭੂ ਦੇ ਦਰ ਤੇ ਅਰਜ਼ੋਈ ਕੀਤਿਆਂ) ਸਾਰੇ ਜਗਤ ਦੀ (ਮਾਇਆ ਦੀ) ਤ੍ਰੇਹ ਮਿਟ ਜਾਂਦੀ ਹੈ ॥੧॥
55099	1283	ਮਃ ੩॥		Ma 3 ||	Third Mehl:	
55100	1283	ਬਾਬੀਹਾ ਭਿੰਨੀ ਰੈਣਿ ਬੋਲਿਆ ਸਹਜੇ ਸਚਿ ਸੁਭਾਇ॥		Baabeehaa Bhinnee Rain Boliaa Sehajae Sach Subhaae ||	The night is wet with dew; the rainbird sings the True Name with intuitive ease.	(ਜਦੋਂ) (ਜੀਵ-) ਪਪੀਹਾ ਅੰਮ੍ਰਿਤ ਵੇਲੇ ਅਡੋਲ ਅਵਸਥਾ ਵਿਚ ਪ੍ਰਭੂ-ਚਰਨਾਂ ਵਿਚ ਜੁੜ ਕੇ (ਜੁੜੇ) ਮਨ ਦੀ ਮੌਜ ਨਾਲ ਅਰਜ਼ੋਈ ਕਰਦਾ ਹੈ,
55101	1283	ਇਹੁ ਜਲੁ ਮੇਰਾ ਜੀਉ ਹੈ ਜਲ ਬਿਨੁ ਰਹਣੁ ਨ ਜਾਇ॥		Eihu Jal Maeraa Jeeo Hai Jal Bin Rehan N Jaae ||	This water is my very soul; without water, I cannot survive.	ਕਿ ਪ੍ਰਭੂ ਦਾ ਨਾਮ ਮੇਰੀ ਜਿੰਦ ਹੈ, 'ਨਾਮ' ਤੋਂ ਬਿਨਾ ਮੈਂ ਜੀਊ ਨਹੀਂ ਸਕਦਾ,

55102	1283	ਗੁਰ ਸਬਦੀ ਜਲੁ ਪਾਈਐ ਵਿਚਹੁ ਆਪੁ ਗਵਾਇ॥		Gur Sabadhee Jal Paaeeai Vichahu Aap Gavaae ||	Through the Word of the Guru's Shabad, this water is obtained, and egotism is eradicated from within.	(ਤਾਂ ਇਸ ਤਰ੍ਹਾਂ) ਮਨ ਵਿਚੋਂ ਆਪਾ-ਭਾਵ ਗਵਾ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਨਾਮ-ਅੰਮ੍ਰਿਤ ਮਿਲਦਾ ਹੈ।
55103	1283	ਨਾਨਕ ਜਿਸੁ ਬਿਨੁ ਚਸਾ ਨ ਜੀਵਦੀ ਸੋ ਸਤਿਗੁਰਿ ਦੀਆ ਮਿਲਾਇ॥੨॥	ਚਸਾ: ਪੋਲਾ ਬੋਲੋ	Naanak Jis Bin Chasaa N Jeevadhee So Sathigur Dheeaa Milaae ||2||	O Nanak, I cannot live without Him, even for a moment; the True Guru has led me to meet Him. ||2||	ਹੇ ਨਾਨਕ! ਜਿਸ ਪ੍ਰਭੂ ਤੋਂ ਬਿਨਾ ਇਕ ਪਲਕ ਭਰ ਭੀ ਜੀਵਿਆ ਨਹੀਂ ਜਾ ਸਕਦਾ, ਸਤਿਗੁਰੂ ਨੇ (ਅਰਜ਼ੋਈ ਕਰਨ ਵਾਲੇ ਨੂੰ) ਉਹ ਪ੍ਰਭੂ ਮਿਲਾ ਦਿੱਤਾ ਹੈ (ਭਾਵ, ਮਿਲਾ ਦੇਂਦਾ ਹੈ) ॥੨॥
55104	1283	ਪਉੜੀ॥		Pourree ||	Pauree:	
55105	1283	ਖੰਡ ਪਤਾਲ ਅਸੰਖ ਮੈ ਗਣਤ ਨ ਹੋਈ॥		Khandd Pathaal Asankh Mai Ganath N Hoee ||	There are countless worlds and nether regions; I cannot calculate their number.	(ਇਸ ਸ੍ਰਿਸ਼ਟੀ ਦੇ) ਬੇਅੰਤ ਧਰਤੀਆਂ ਤੇ ਪਾਤਾਲ ਹਨ, ਮੈਥੋਂ ਗਿਣੇ ਨਹੀਂ ਜਾ ਸਕਦੇ।
55106	1283	ਤੂ ਕਰਤਾ ਗੋਵਿੰਦੁ ਤੁਧੁ ਸਿਰਜੀ ਤੁਧੈ ਗੋਈ॥		Thoo Karathaa Govindh Thudhh Sirajee Thudhhai Goee ||	You are the Creator, the Lord of the Universe; You create it, and You destroy it.	(ਹੇ ਪ੍ਰਭੂ!) ਤੂੰ (ਇਸ ਸ੍ਰਿਸ਼ਟੀ ਨੂੰ) ਪੈਦਾ ਕਰਨ ਵਾਲਾ ਹੈਂ ਤੂੰ ਹੀ ਇਸ ਦੀ ਸਾਰ ਲੈਣ ਵਾਲਾ ਹੈਂ, ਤੂੰ ਹੀ ਪੈਦਾ ਕੀਤੀ ਹੈ ਤੂੰ ਹੀ ਨਾਸ ਕਰਦਾ ਹੈਂ।

55107	1283	ਲਖ ਚਉਰਾਸੀਹ ਮੇਦਨੀ ਤੁਝ ਹੀ ਤੇ ਹੋਈ॥	ਲੱਖ	Lakh Chouraaseeh Maedhanee Thujh Hee Thae Hoee ||	The 8.4 million species of beings issued forth from You.	ਸ੍ਰਿਸ਼ਟੀ ਦੀ ਚੌਰਾਸੀ ਲਖ ਜੂਨ ਤੈਥੋਂ ਹੀ ਪੈਦਾ ਹੋਈ ਹੈ।
55108	1283	ਇਕਿ ਰਾਜੇ ਖਾਨ ਮਲੂਕ ਕਹਹਿ ਕਹਾਵਹਿ ਕੋਈ॥	ਕਹ-ਹਿ	Eik Raajae Khaan Malook Kehehi Kehaavehi Koee ||	Some are called kings, emperors and nobles.	(ਇਥੇ) ਕਈ ਆਪਣੇ ਆਪ ਨੂੰ ਰਾਜੇ ਖ਼ਾਨ ਤੇ ਮਲਕ ਆਖਦੇ ਹਨ ਤੇ ਅਖਵਾਂਦੇ ਹਨ,
55109	1283	ਇਕਿ ਸਾਹ ਸਦਾਵਹਿ ਸੰਚਿ ਧਨੁ ਦੂਜੈ ਪਤਿ ਖੋਈ॥		Eik Saah Sadhaavehi Sanch Dhhan Dhoojai Path Khoee ||	Some claim to be bankers and accumulate wealth, but in duality they lose their honor.	ਕਈ ਧਨ ਇਕੱਠਾ ਕਰ ਕੇ (ਆਪਣੇ ਆਪ ਨੂੰ) ਸ਼ਾਹ ਸਦਾਂਦੇ ਹਨ, (ਪਰ) ਇਸ ਦੂਜੇ ਮੋਹ ਵਿਚ ਪੈ ਕੇ ਇੱਜ਼ਤ ਗਵਾ ਲੈਂਦੇ ਹਨ।
55110	1283	ਇਕਿ ਦਾਤੇ ਇਕ ਮੰਗਤੇ ਸਭਨਾ ਸਿਰਿ ਸੋਈ॥		Eik Dhaathae Eik Mangathae Sabhanaa Sir Soee ||	Some are givers, and some are beggars; God is above the heads of all.	ਇਥੇ ਕਈ ਦਾਤੇ ਹਨ ਕਈ ਮੰਗਤੇ ਹਨ (ਪਰ ਕੀਹ ਦਾਤੇ ਤੇ ਕੀਹ ਮੰਗਤੇ) ਸਭਨਾਂ ਦੇ ਸਿਰ ਉਤੇ ਉਹ ਪ੍ਰਭੂ ਹੀ ਖਸਮ ਹੈ।
55111	1283	ਵਿਣੁ ਨਾਵੈ ਬਾਜਾਰੀਆ ਭੀਹਾਵਲਿ ਹੋਈ॥	(ਬਾਜਾਰੀਆ) ਮਸਖਰਿਆਂ। (ਭੀਹਾਵਲਿ) ਭੈਦਾਇਕ	Vin Naavai Baajaareeaa Bheehaaval Hoee ||	Without the Name, they are vulgar, dreadful and wretched.	(ਭਾਵੇਂ ਰਾਜੇ ਸਦਾਣ ਭਾਵੇਂ ਸ਼ਾਹ ਅਖਵਾਣ) ਪ੍ਰਭੂ ਦੇ ਨਾਮ ਤੋਂ ਬਿਨਾ ਜੀਵ (ਮਾਨੋ) ਬਹੁ-ਰੂਪੀਏ ਹਨ (ਧਰਤੀ ਇਹਨਾਂ ਦੇ ਭਾਰ ਨਾਲ) ਭੈ-ਭੀਤ ਹੋਈ ਹੋਈ ਹੈ।

55112	1283	ਕੂੜ ਨਿਖੁਟੇ ਨਾਨਕਾ ਸਚੁ ਕਰੇ ਸੁ ਹੋਈ॥੧੨॥		Koorr Nikhuttae Naanakaa Sach Karae S Hoee ||12||	Falsehood shall not last, O Nanak; whatever the True Lord does, comes to pass. ||12||	ਹੇ ਨਾਨਕ! (ਇਹ ਰਾਜੇ ਤੇ ਸ਼ਾਹੂਕਾਰ ਆਦਿਕ) ਕੂੜ ਦੇ ਸੌਦੇ ਮੁੱਕ ਜਾਂਦੇ ਹਨ (ਭਾਵ ਤ੍ਰਿਸ਼ਨਾ-ਅਧੀਨ ਹੋ ਕੇ ਰਾਜ ਧਨ ਆਦਿਕ ਦਾ ਮਾਣ ਕੂੜਾ ਹੈ) ਜੋ ਕੁਝ ਸਦਾ-ਥਿਰ ਰਹਿਣ ਵਾਲਾ ਪ੍ਰਭੂ ਕਰਦਾ ਹੈ ਉਹੀ ਹੈ ॥੧੨॥
55113	1283	ਸਲੋਕ ਮਃ ੩॥		Salok Ma 3 ||	Shalok, Third Mehl:	
55114	1283	ਬਾਬੀਹਾ ਗੁਣਵੰਤੀ ਮਹਲੁ ਪਾਇਆ ਅਉਗਣਵੰਤੀ ਦੂਰਿ॥		Baabeehaa Gunavanthee Mehal Paaeiaa Aouganavanthee Dhoor ||	O rainbird, the virtuous soul-bride attains the Mansion of her Lord's Presence; the unworthy, unvirtuous one is far away.	ਹੇ (ਜੀਵ-) ਪਪੀਹੇ! ਗੁਣਾਂ ਵਾਲੀ (ਜੀਵ-ਇਸਤ੍ਰੀ) ਨੂੰ ਰੱਬ ਦਾ ਘਰ ਲੱਭ ਪੈਂਦਾ ਹੈ, ਪਰ ਅਉਗਣਿਆਰੀ ਉਸ ਤੋਂ ਵਿਥ ਤੇ ਰਹਿੰਦੀ ਹੈ।
55115	1283	ਅੰਤਰਿ ਤੇਰੈ ਹਰਿ ਵਸੈ ਗੁਰਮੁਖਿ ਸਦਾ ਹਜੂਰਿ॥		Anthar Thaerai Har Vasai Guramukh Sadhaa Hajoor ||	Deep within your inner being, the Lord abides. The Gurmukh beholds Him ever-present.	ਹੇ (ਜੀਵ-) ਪਪੀਹੇ! ਤੇਰੇ ਅੰਦਰ ਹੀ ਰੱਬ ਵੱਸਦਾ ਹੈ, ਗੁਰੂ ਦੇ ਸਨਮੁਖ ਹੋਇਆਂ ਸਦਾ ਅੰਗ-ਸੰਗ ਦਿੱਸਦਾ ਹੈ।
55116	1283	ਕੂਕ ਪੁਕਾਰ ਨ ਹੋਵਈ ਨਦਰੀ ਨਦਰਿ ਨਿਹਾਲ॥		Kook Pukaar N Hovee Nadharee Nadhar Nihaal ||	When the Lord bestows His Glance of Grace, the mortal no longer weeps and wails.	(ਗੁਰੂ ਦੀ ਸਰਨ ਪਿਆਂ) ਕਿਸੇ ਕੂਕ ਪੁਕਾਰ ਦੀ ਲੋੜ ਨਹੀਂ ਰਹਿੰਦੀ, ਮੇਹਰਾਂ ਦੇ ਸਾਂਈ ਦੀ ਮਿਹਰ ਦੀ ਨਜ਼ਰ ਨਾਲ ਨਿਹਾਲ ਹੋ ਜਾਈਦਾ ਹੈ।

55117	1283	ਨਾਨਕ ਨਾਮਿ ਰਤੇ ਸਹਜੇ ਮਿਲੇ ਸਬਦਿ ਗੁਰੂ ਕੈ ਘਾਲ॥੧॥		Naanak Naam Rathae Sehajae Milae Sabadh Guroo Kai Ghaal ||1||	O Nanak, those who are imbued with the Naam intuitively merge with the Lord; they practice the Word of the Guru's Shabad. ||1||	ਹੇ ਨਾਨਕ! ਪ੍ਰਭੂ ਦੇ ਨਾਮ ਵਿਚ ਰੰਗੇ ਹੋਏ ਬੰਦੇ ਗੁਰੂ ਦੇ ਸ਼ਬਦ ਵਿਚ (ਜੁੜ ਕੇ) ਘਾਲ ਕਮਾਈ ਕਰ ਕੇ ਆਤਮਕ ਅਡੋਲਤਾ ਵਿਚ ਟਿਕੇ ਰਹਿ ਕੇ ਉਸ ਨੂੰ ਮਿਲ ਪੈਂਦੇ ਹਨ ॥੧॥
55118	1284	ਮਃ ੩॥		Ma 3 ||	Third Mehl:	
55119	1284	ਬਾਬੀਹਾ ਬੇਨਤੀ ਕਰੇ ਕਰਿ ਕਿਰਪਾ ਦੇਹੁ ਜੀਅ ਦਾਨ॥		Baabeehaa Baenathee Karae Kar Kirapaa Dhaehu Jeea Dhaan ||	The rainbird prays: O Lord, grant Your Grace, and bless me with the gift of the life of the soul.	(ਜਦੋਂ) (ਜੀਵ-) ਪਪੀਹਾ (ਪ੍ਰਭੂ ਅੱਗੇ) ਬੇਨਤੀ ਕਰਦਾ ਹੈ ਕਿ-(ਹੇ ਪ੍ਰਭੂ!) ਮਿਹਰ ਕਰ ਕੇ ਮੈਨੂੰ ਜੀਵਨ- ਦਾਤ ਬਖ਼ਸ਼;
55120	1284	ਜਲ ਬਿਨੁ ਪਿਆਸ ਨ ਊਤਰੈ ਛੁਟਕਿ ਜਾਂਹਿ ਮੇਰੇ ਪ੍ਰਾਨ॥		Jal Bin Piaas N Ootharai Shhuttak Jaanhi Maerae Praan ||	Without the water, my thirst is not quenched, and my breath of life is ended and gone.	ਤੇਰੇ ਨਾਮ-ਅੰਮ੍ਰਿਤ ਤੋਂ ਬਿਨਾ (ਮੇਰੀ) ਤ੍ਰਿਸ਼ਨਾ ਨਹੀਂ ਮੁੱਕਦੀ, (ਤੇਰੇ ਨਾਮ ਤੋਂ ਬਿਨਾ) ਮੇਰੀ ਜਿੰਦ ਵਿਆਕੁਲ ਹੋ ਜਾਂਦੀ ਹੈ।
55121	1284	ਤੂ ਸੁਖਦਾਤਾ ਬੇਅੰਤੁ ਹੈ ਗੁਣਦਾਤਾ ਨੇਧਾਨੁ॥		Thoo Sukhadhaathaa Baeanth Hai Gunadhaathaa Naedhhaan ||	You are the Giver of peace, O Infinite Lord God; You are the Giver of the treasure of virtue.	ਤੂੰ ਸੁਖ ਦੇਣ ਵਾਲਾ ਹੈਂ, ਤੂੰ ਬੇਅੰਤ ਹੈਂ, ਤੂੰ ਗੁਣ ਬਖ਼ਸ਼ਣ ਵਾਲਾ ਹੈ; ਤੇ ਤੂੰ ਸਾਰੇ ਗੁਣਾਂ ਦਾ ਖ਼ਜ਼ਾਨਾ ਹੈਂ-

55122	1284	ਨਾਨਕ ਗੁਰਮੁਖਿ ਬਖਸਿ ਲਏ ਅੰਤਿ ਬੇਲੀ ਹੋਇ ਭਗਵਾਨੁ॥੨॥		Naanak Guramukh Bakhas Leae Anth Baelee Hoe Bhagavaan ||2||	O Nanak, the Gurmukh is forgiven; in the end, the Lord God shall be your only friend. ||2||	ਹੇ ਨਾਨਕ! (ਇਹ ਬੇਨਤੀ ਸੁਣ ਕੇ) ਭਗਵਾਨ ਗੁਰੂ ਦੇ ਸਨਮੁਖ ਹੋਏ ਮਨੁੱਖ ਉਤੇ ਮਿਹਰ ਕਰਦਾ ਹੈ ਤੇ ਅੰਤ ਸਮੇ ਉਸ ਦਾ ਸਹਾਈ ਬਣਦਾ ਹੈ ॥੨॥
55123	1284	ਪਉੜੀ॥		Pourree ||	Pauree:	
55124	1284	ਆਪੇ ਜਗਤੁ ਉਪਾਇ ਕੈ ਗੁਣ ਅਉਗਣ ਕਰੇ ਬੀਚਾਰੁ॥	ਜੱਗਤੁ	Aapae Jagath Oupaae Kai Gun Aougan Karae Beechaar ||	He created the world; He considers the merits and demerits of the mortals.	(ਪ੍ਰਭੂ) ਆਪ ਹੀ ਜਗਤ ਬਣਾ ਕੇ (ਜੀਵਾਂ ਦੇ) ਗੁਣਾਂ ਤੇ ਔਗੁਣਾਂ ਦਾ ਲੇਖਾ ਕਰਦਾ ਹੈ।
55125	1284	ਤ੍ਰੈ ਗੁਣ ਸਰਬ ਜੰਜਾਲੁ ਹੈ ਨਾਮਿ ਨ ਧਰੇ ਪਿਆਰੁ॥		Thrai Gun Sarab Janjaal Hai Naam N Dhharae Piaar ||	Those who are entangled in the three gunas - the three dispositions - do not love the Naam, the Name of the Lord.	(ਮਾਇਆ ਦੇ) ਤਿੰਨ ਗੁਣ (ਭੀ ਜੋ) ਨਿਰਾ ਜੰਜਾਲ (ਭਾਵ, ਵਿਕਾਰਾਂ ਵਿਚ ਫਸਾਣ ਵਾਲਾ) ਹੀ ਹੈ (ਇਹ ਭੀ ਪ੍ਰਭੂ ਨੇ ਆਪ ਹੀ ਰਚਿਆ ਹੈ, ਇਸ ਵਿਚ ਫਸ ਕੇ ਜਗਤ) ਪ੍ਰਭੂ ਦੇ ਨਾਮ ਵਿਚ ਪਿਆਰ ਨਹੀਂ ਪਾਂਦਾ;
55126	1284	ਗੁਣ ਛੋਡਿ ਅਉਗਣ ਕਮਾਵਦੇ ਦਰਗਹ ਹੋਹਿ ਖੁਆਰੁ॥		Gun Shhodd Aougan Kamaavadhae Dharageh Hohi Khuaar ||	Forsaking virtue, they practice evil; they shall be miserable in the Court of the Lord.	(ਇਸ ਵਾਸਤੇ ਜੀਵ) ਗੁਣ ਛੱਡ ਕੇ ਅਉਗਣ ਕਮਾਂਦੇ ਹਨ ਤੇ (ਆਖ਼ਰ) ਪ੍ਰਭੂ ਦੀ ਹਜ਼ੂਰੀ ਵਿਚ ਸ਼ਰਮਿੰਦੇ ਹੁੰਦੇ ਹਨ।

55127	1284	ਜੂਐ ਜਨਮੁ ਤਿਨੀ ਹਾਰਿਆ ਕਿਤੁ ਆਏ ਸੰਸਾਰਿ॥		Jooai Janam Thinee Haariaa Kith Aaeae Sansaar ||	They lose their life in the gamble; why did they even come into the world?	ਅਜੇਹੇ ਜੀਵ (ਮਾਨੋ) ਜੂਏ ਵਿਚ ਮਨੁੱਖਾ-ਜਨਮ ਹਾਰ ਜਾਂਦੇ ਹਨ, ਉਹਨਾਂ ਦਾ ਜਗਤ ਵਿਚ ਆਉਣਾ ਕਿਸੇ ਅਰਥ ਨਹੀਂ ਹੁੰਦਾ ਹੈ।
55128	1284	ਸਚੈ ਸਬਦਿ ਮਨੁ ਮਾਰਿਆ ਅਹਿਨਿਸਿ ਨਾਮਿ ਪਿਆਰਿ॥		Sachai Sabadh Man Maariaa Ahinis Naam Piaar ||	But those who conquer and subdue their minds, through the True Word of the Shabad - night and day, they love the Naam.	(ਪਰ) ਜਿਨ੍ਹਾਂ ਮਨੁੱਖਾਂ ਨੇ (ਗੁਰੂ ਦੇ) ਸੱਚੇ ਸ਼ਬਦ ਦੀ ਰਾਹੀਂ ਆਪਣਾ ਮਨ ਵੱਸ ਵਿਚ ਲਿਆਂਦਾ ਹੈ, ਜੋ ਦਿਨ ਰਾਤ ਪ੍ਰਭੂ ਦੇ ਨਾਮ ਵਿਚ ਪਿਆਰ ਪਾਂਦੇ ਹਨ,
55129	1284	ਜਿਨੀ ਪੁਰਖੀ ਉਰਿ ਧਾਰਿਆ ਸਚਾ ਅਲਖ ਅਪਾਰੁ॥	ਅ-ਲਖ। ਪੁਰਖੀਂ	Jinee Purakhee Our Dhhaariaa Sachaa Alakh Apaar ||	Those people enshrine the True, Invisible and Infinite Lord in their hearts.	ਜਿਨ੍ਹਾਂ ਨੇ ਹਿਰਦੇ ਵਿਚ ਸਦਾ ਕਾਇਮ ਰਹਿਣ ਵਾਲਾ ਅਦ੍ਰਿਸ਼ਟ ਤੇ ਬੇਅੰਤ ਪ੍ਰਭੂ ਵਸਾਇਆ ਹੈ,
55130	1284	ਤੂ ਗੁਣਦਾਤਾ ਨਿਧਾਨੁ ਹਹਿ ਅਸੀ ਅਵਗਣਿਆਰ॥	ਹ-ਹਿ	Thoo Gunadhaathaa Nidhhaan Hehi Asee Avaganiaar ||	You, O Lord, are the Giver, the Treasure of virtue; I am unvirtuous and unworthy.	(ਉਹ ਇਉਂ ਬੇਨਤੀ ਕਰਦੇ ਹਨ)- "ਹੇ ਪ੍ਰਭੂ! ਤੂੰ ਗੁਣਾਂ ਦਾ ਦਾਤਾ ਹੈਂ, ਤੂੰ ਗੁਣਾਂ ਦਾ ਖ਼ਜ਼ਾਨਾ ਹੈ, ਅਸੀਂ ਜੀਵ ਅਉਗਣੀ ਹਾਂ।"

55131	1284	ਜਿਸੁ ਬਖਸੇ ਸੋ ਪਾਇਸੀ ਗੁਰ ਸਬਦੀ ਵੀਚਾਰੁ॥੧੩॥		Jis Bakhasae So Paaeisee Gur Sabadhee Veechaar ||13||	He alone finds You, whom You bless and forgive, and inspire to contemplate the Word of the Guru's Shabad. ||13||	ਗੁਰੂ ਦੇ ਸ਼ਬਦ ਦੀ ਰਾਹੀਂ (ਅਜੇਹੀ ਸੁਅੱਛ) ਵਿਚਾਰ ਉਹ ਮਨੁੱਖ ਪ੍ਰਾਪਤ ਕਰਦਾ ਹੈ ਜਿਸ ਉਤੇ (ਪਰਮਾਤਮਾ ਆਪ) ਮਿਹਰ ਕਰਦਾ ਹੈ ॥੧੩॥
55132	1284	ਸਲੋਕ ਮਃ ੫॥		Salok Ma 5 ||	Shalok, Fifth Mehl:	
55133	1284	ਰਾਤਿ ਨ ਵਿਹਾਵੀ ਸਾਕਤਾਂ ਜਿਨ੍ਹਾ ਵਿਸਰੈ ਨਾਉ॥		Raath N Vihaavee Saakathaan Jinhaa Visarai Naao ||	The faithless cynics forget the Name of the Lord; the night of their lives does not pass in peace.	ਜੋ ਬੰਦੇ ਪਰਮਾਤਮਾ ਦੇ ਚਰਨਾਂ ਨਾਲੋਂ ਵਿੱਛੁੜੇ ਹੋਏ ਹਨ, ਜਿਨ੍ਹਾਂ ਨੂੰ ਕਰਤਾਰ ਦਾ ਨਾਮ ਭੁੱਲਿਆ ਹੋਇਆ ਹੈ ਉਹਨਾਂ ਦੀ ਰਾਤਿ ਬੀਤਣ ਵਿਚ ਨਹੀਂ ਆਉਂਦੀ (ਭਾਵ, ਉਹਨਾਂ ਦੀ ਜ਼ਿੰਦਗੀ-ਰੂਪ ਰਾਤ ਦੁੱਖਾਂ ਵਿਚ ਹੀ ਲੰਘਦੀ ਹੈ; ਉਹ ਇਤਨੇ ਦੁਖੀ ਹੁੰਦੇ ਹਨ ਕਿ ਉਹਨਾਂ ਨੂੰ ਉਮਰ ਭਾਰੂ ਹੋਈ ਜਾਪਦੀ ਹੈ)।
55134	1284	ਰਾਤੀ ਦਿਨਸ ਸੁਹੇਲੀਆ ਨਾਨਕ ਹਰਿ ਗੁਣ ਗਾਂਉ॥੧॥		Raathee Dhinas Suhaeleeaa Naanak Har Gun Gaano ||1||	Their days and nights become comfortable, O Nanak, singing the Glorious Praises of the Lord. ||1||	ਪਰ, ਹੇ ਨਾਨਕ! ਜਿਹੜੀਆਂ ਜੀਵ-ਇਸਤ੍ਰੀਆਂ ਪ੍ਰਭੂ ਦੇ ਗੁਣ ਗਾਂਦੀਆਂ ਹਨ, ਉਹਨਾਂ ਦੇ ਦਿਨ ਰਾਤ (ਭਾਵ, ਸਾਰੀ ਉਮਰ) ਸੁਖੀ ਗੁਜ਼ਰਦੇ ਹਨ ॥੧॥
55135	1284	ਮਃ ੫॥		Ma 5 ||	Fifth Mehl:	

55136	1284	ਰਤਨ ਜਵੇਹਰ ਮਾਣਕਾ ਹਭੇ ਮਣੀ ਮਥੰਨਿ॥		Rathan Javaehar Maanakaa Habhae Manee Mathhann ||	All sorts of jewels and gems, diamonds and rubies, shine forth from their foreheads.	ਉਹਨਾਂ ਦੇ ਮੱਥੇ ਉਤੇ (ਮਾਨੋ) ਸਾਰੇ ਰਤਨ ਜਵਾਹਰ ਮੋਤੀ ਤੇ ਮਣੀਆਂ ਹਨ (ਭਾਵ, ਗੁਣਾਂ ਕਰਕੇ ਉਹਨਾਂ ਦੇ ਮੱਥੇ ਉਤੇ ਨੂਰ ਹੀ ਨੂਰ ਹੈ),
55137	1284	ਨਾਨਕ ਜੋ ਪ੍ਰਭਿ ਭਾਣਿਆ ਸਚੈ ਦਰਿ ਸੋਹੰਨਿ॥੨॥		Naanak Jo Prabh Bhaaniaa Sachai Dhar Sohann ||2||	O Nanak, those who are pleasing to God, look beautiful in the Court of the Lord. ||2||	ਹੇ ਨਾਨਕ! ਜੋ ਜੀਵ ਪ੍ਰਭੂ ਨੂੰ ਪਿਆਰੇ ਲੱਗ ਗਏ ਹਨ। ਉਹ ਉਸ ਸਦਾ-ਥਿਰ ਰਹਿਣ ਵਾਲੇ ਦੇ ਦਰ ਤੇ ਸੋਭਾ ਪਾਂਦੇ ਹਨ ॥੨॥
55138	1284	ਪਉੜੀ॥		Pourree ||	Pauree:	
55139	1284	ਸਚਾ ਸਤਿਗੁਰੁ ਸੇਵਿ ਸਚੁ ਸਮ੍ਹਾਲਿਆ॥		Sachaa Sathigur Saev Sach Samhaaliaa ||	Serving the True Guru, I dwell on the True Lord.	ਜਿਨ੍ਹਾਂ ਮਨੁੱਖਾਂ ਨੇ ਸੱਚੇ ਗੁਰੂ ਦੇ ਹੁਕਮ ਵਿਚ ਤੁਰ ਕੇ ਸਦਾ-ਥਿਰ ਰਹਿਣ ਵਾਲਾ ਪ੍ਰਭੂ ਅਰਾਧਿਆ,
55140	1284	ਅੰਤਿ ਖਲੋਆ ਆਇ ਜਿ ਸਤਿਗੁਰ ਅਗੈ ਘਾਲਿਆ॥	ਘੱਾਲਿਆ	Anth Khaloaa Aae J Sathigur Agai Ghaaliaa ||	The work you have done for the True Guru shall be very useful in the end.	ਜੋ ਕਮਾਈ ਉਹਨਾਂ ਗੁਰੂ ਦੇ ਸਨਮੁਖ ਹੋ ਕੇ ਕੀਤੀ ਹੈ ਉਹ ਅੰਤ ਵੇਲੇ (ਜਦੋਂ ਹੋਰ ਸਾਰੇ ਸਾਥ ਮੁੱਕ ਜਾਂਦੇ ਹਨ) ਉਹਨਾਂ ਦਾ ਸਾਥ ਆ ਦੇਂਦੀ ਹੈ।
55141	1284	ਪੋਹਿ ਨ ਸਕੈ ਜਮਕਾਲੁ ਸਚਾ ਰਖਵਾਲਿਆ॥		Pohi N Sakai Jamakaal Sachaa Rakhavaaliaa ||	The Messenger of Death cannot even touch that person who is protected by the True Lord.	ਸੱਚਾ ਪ੍ਰਭੂ ਉਹਨਾਂ ਦੇ ਸਿਰ ਉਤੇ ਰਾਖਾ ਹੁੰਦਾ ਹੈ, ਇਸ ਲਈ ਮੌਤ ਦਾ ਡਰ ਉਹਨਾਂ ਨੂੰ ਪੋਹ ਨਹੀਂ ਸਕਦਾ,

55142	1284	ਗੁਰ ਸਾਖੀ ਜੋਤਿ ਜਗਾਇ ਦੀਵਾ ਬਾਲਿਆ॥	ਬੱਾਲਿਆ	Gur Saakhee Joth Jagaae Dheevaa Baaliaa ||	Lighting the lamp of the Guru's Teachings, my awareness has been awakened.	ਗੁਰੂ ਦੀ ਬਾਣੀ-ਰੂਪ ਜੋਤਿ (ਉਹਨਾਂ ਆਪਣੇ ਅੰਦਰ) ਜਗਾਈ ਹੋਈ ਹੈ, ਬਾਣੀ-ਰੂਪ ਦੀਵਾ ਬਾਲਿਆ ਹੋਇਆ ਹੈ।
55143	1284	ਮਨਮੁਖ ਵਿਣੁ ਨਾਵੈ ਕੂੜਿਆਰ ਫਿਰਹਿ ਬੇਤਾਲਿਆ॥	ਬੇਤੱਾਲਿਆ	Manamukh Vin Naavai Koorriaar Firehi Baethaaliaa ||	The self-willed manmukhs are false; without the Name, they wander around like demons.	ਪਰ ਜੋ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦੇ ਹਨ ਉਹ ਪ੍ਰਭੂ ਦੇ ਨਾਮ ਤੋਂ ਵਾਂਜੇ ਹੋਏ ਹਨ ਤੇ ਕੂੜ ਦੇ ਵਪਾਰੀ ਹਨ, ਬੇ-ਥਵ੍ਹੇ ਭਟਕਦੇ ਫਿਰਦੇ ਹਨ;
55144	1284	ਪਸੂ ਮਾਣਸ ਚੰਮਿ ਪਲੇਟੇ ਅੰਦਰਹੁ ਕਾਲਿਆ॥		Pasoo Maanas Chanm Palaettae Andharahu Kaaliaa ||	They are nothing more than beasts, wrapped up in human skin; they are black-hearted within.	ਉਹ (ਅਸਲ ਵਿਚ) ਪਸ਼ੂ ਹਨ ਅੰਦਰੋਂ ਕਾਲੇ ਹਨ (ਵੇਖਣ ਨੂੰ) ਮਨੁੱਖਾ ਚੰਮ ਨਾਲ ਵਲ੍ਹੇਟੇ ਹੋਏ ਹਨ (ਭਾਵ, ਵੇਖਣ ਨੂੰ ਮਨੁੱਖ ਦਿੱਸਦੇ ਹਨ)।
55145	1284	ਸਭੋ ਵਰਤੈ ਸਚੁ ਸਚੈ ਸਬਦਿ ਨਿਹਾਲਿਆ॥		Sabho Varathai Sach Sachai Sabadh Nihaaliaa ||	The True Lord is pervading all; through the True Word of the Shabad, He is seen.	(ਪਰ ਇਸ ਬਾਰੇ ਕੁਝ ਕਿਹਾ ਨਹੀਂ ਜਾ ਸਕਦਾ) ਹਰ ਥਾਂ ਸਦਾ-ਥਿਰ ਰਹਿਣ ਵਾਲਾ ਪ੍ਰਭੂ ਆਪ ਵੱਸਦਾ ਹੈ-ਇਹ ਗੱਲ ਗੁਰੂ ਦੇ ਸੱਚੇ ਸ਼ਬਦ ਦੀ ਰਾਹੀਂ ਵੇਖਣ ਵਿਚ ਆਉਂਦੀ ਹੈ।
55146	1284	ਨਾਨਕ ਨਾਮੁ ਨਿਧਾਨੁ ਹੈ ਪੂਰੈ ਗੁਰਿ ਦੇਖਾਲਿਆ॥੧੪॥		Naanak Naam Nidhhaan Hai Poorai Gur Dhaekhaaliaa ||14||	O Nanak, the Naam is the greatest treasure. The Perfect Guru has revealed it to me. ||14||	ਹੇ ਨਾਨਕ! ਪ੍ਰਭੂ ਦਾ ਨਾਮ ਹੀ (ਅਸਲ) ਖ਼ਜ਼ਾਨਾ ਹੈ ਜੋ ਪੂਰੇ ਗੁਰੂ ਨੇ (ਕਿਸੇ ਭਾਗਾਂ ਵਾਲੇ ਨੂੰ) ਵਿਖਾਇਆ ਹੈ ॥੧੪॥
55147	1284	ਸਲੋਕ ਮਃ ੩॥		Salok Ma 3 ||	Shalok, Third Mehl:	

55148	1284	ਬਾਬੀਹੈ ਹੁਕਮੁ ਪਛਾਣਿਆ ਗੁਰ ਕੈ ਸਹਜਿ ਸੁਭਾਇ॥		Baabeehai Hukam Pashhaaniaa Gur Kai Sehaj Subhaae ||	The rainbird realizes the Hukam of the Lord's Command with intuitive ease through the Guru.	ਜਿਸ (ਜੀਵ-) ਪਪੀਹੇ ਨੇ ਆਤਮਕ ਅਡੋਲਤਾ ਵਿਚ ਟਿਕ ਕੇ ਗੁਰੂ ਦੇ ਅਨੁਸਾਰ ਤੁਰ ਕੇ ਪ੍ਰਭੂ ਦਾ ਹੁਕਮ ਸਮਝਿਆ ਹੈ,
55149	1284	ਮੇਘੁ ਵਰਸੈ ਦਇਆ ਕਰਿ ਗੂੜੀ ਛਹਬਰ ਲਾਇ॥		Maegh Varasai Dhaeiaa Kar Goorree Shhehabar Laae ||	The clouds mercifully burst forth, and the rain pours down in torrents.	(ਸਤਿਗੁਰੂ-) ਬੱਦਲ ਮਿਹਰ ਕਰ ਕੇ ਲੰਮੀ ਝੜੀ ਲਾ ਕੇ (ਉਸ ਉਤੇ 'ਨਾਮ'-ਅੰਮ੍ਰਿਤ ਦੀ) ਵਰਖਾ ਕਰਦਾ ਹੈ,
55150	1284	ਬਾਬੀਹੇ ਕੂਕ ਪੁਕਾਰ ਰਹਿ ਗਈ ਸੁਖੁ ਵਸਿਆ ਮਨਿ ਆਇ॥		Baabeehae Kook Pukaar Rehi Gee Sukh Vasiaa Man Aae ||	The cries and wailings of the rainbird have ceased, and peace has come to abide in its mind.	ਉਸ (ਜੀਵ-) ਪਪੀਹੇ ਦੀ ਕੂਕ ਪੁਕਾਰ ਮੁੱਕ ਜਾਂਦੀ ਹੈ, ਉਸ ਦੇ ਮਨ ਵਿਚ ਸੁਖ ਆ ਵੱਸਦਾ ਹੈ।
55151	1284	ਨਾਨਕ ਸੋ ਸਾਲਾਹੀਐ ਜਿ ਦੇਂਦਾ ਸਭਨਾਂ ਜੀਆ ਰਿਜਕੁ ਸਮਾਇ॥੧॥		Naanak So Saalaaheeai J Dhaenadhaa Sabhanaan Jeeaa Rijak Samaae ||1||	O Nanak, praise that Lord, who reaches out and gives sustenance to all beings and creatures. ||1||	ਹੇ ਨਾਨਕ! ਜੋ ਪ੍ਰਭੂ ਸਭ ਜੀਵਾਂ ਨੂੰ ਰੋਜ਼ੀ ਅਪੜਾਂਦਾ ਹੈ, ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ ॥੧॥
55152	1284	ਮਃ ੩॥		Ma 3 ||	Third Mehl:	

55153	1284	ਚਾਤ੍ਰਿਕ ਤੂ ਨ ਜਾਣਹੀ ਕਿਆ ਤੁਧੁ ਵਿਚਿ ਤਿਖਾ ਹੈ ਕਿਤੁ ਪੀਤੈ ਤਿਖ ਜਾਇ॥		Chaathrik Thoo N Jaanehee Kiaa Thudhh Vich Thikhaa Hai Kith Peethai Thikh Jaae ||	O rainbird, you do not know what thirst is within you, or what you can drink to quench it.	ਹੇ ਪਪੀਹੇ (ਜੀਵ)! ਤੈਨੂੰ ਨਹੀਂ ਪਤਾ ਕਿ ਤੇਰੇ ਅੰਦਰ ਕੇਹੜੀ ਤ੍ਰੇਹ ਹੈ (ਜੋ ਤੈਨੂੰ ਭਟਕਣਾ ਵਿਚ ਪਾ ਰਹੀ ਹੈ; ਨਾਹ ਹੀ ਤੈਨੂੰ ਇਹ ਪਤਾ ਹੈ ਕਿ) ਕੀਹ ਪੀਤਿਆਂ ਇਹ ਤ੍ਰੇਹ ਮਿਟੇਗੀ;
55154	1284	ਦੂਜੈ ਭਾਇ ਭਰੰਮਿਆ ਅੰਮ੍ਰਿਤ ਜਲੁ ਪਲੈ ਨ ਪਾਇ॥		Dhoojai Bhaae Bharanmiaa Anmrith Jal Palai N Paae ||	You wander in the love of duality, and you do not obtain the Ambrosial Water.	ਤੂੰ ਮਾਇਆ ਦੇ ਮੋਹ ਵਿਚ ਭਟਕ ਰਿਹਾ ਹੈਂ, ਤੈਨੂੰ (ਤ੍ਰੇਹ ਮਿਟਾਣ ਲਈ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਲੱਭਦਾ ਨਹੀਂ।
55155	1284	ਨਦਰਿ ਕਰੇ ਜੇ ਆਪਣੀ ਤਾਂ ਸਤਿਗੁਰੁ ਮਿਲੈ ਸੁਭਾਇ॥		Nadhar Karae Jae Aapanee Thaan Sathigur Milai Subhaae ||	When God casts His Glance of Grace, then the mortal automatically meets the True Guru.	ਜੇ ਅਕਾਲ ਪੁਰਖ ਆਪਣੀ ਮਿਹਰ ਦੀ ਨਜ਼ਰ ਕਰੇ ਤਾਂ ਉਸ ਦੀ ਰਜ਼ਾ ਵਿਚ ਗੁਰੂ ਮਿਲ ਪੈਂਦਾ ਹੈ।
55156	1284	ਨਾਨਕ ਸਤਿਗੁਰ ਤੇ ਅੰਮ੍ਰਿਤ ਜਲੁ ਪਾਇਆ ਸਹਜੇ ਰਹਿਆ ਸਮਾਇ॥੨॥		Naanak Sathigur Thae Anmrith Jal Paaeiaa Sehajae Rehiaa Samaae ||2||	O Nanak, the Ambrosial Water is obtained from the True Guru, and then the mortal remains merged in the Lord with intuitive ease. ||2||	ਹੇ ਨਾਨਕ! ਗੁਰੂ ਤੋਂ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਮਿਲਦਾ ਹੈ (ਤੇ ਉਸ ਦੀ ਬਰਕਤਿ ਨਾਲ) ਅਡੋਲ ਅਵਸਥਾ ਵਿਚ ਟਿਕੇ ਰਹੀਦਾ ਹੈ ॥੨॥
55157	1284	ਪਉੜੀ॥		Pourree ||	Pauree:	

55158	1284	ਇਕਿ ਵਣ ਖੰਡਿ ਬੈਸਹਿ ਜਾਇ ਸਦੁ ਨ ਦੇਵਹੀ॥	ਸੱਦੁ	Eik Van Khandd Baisehi Jaae Sadh N Dhaevehee ||	Some go and sit in the forest realms, and do not answer any calls.	ਕਈ ਮਨੁੱਖ ਜੰਗਲ ਦੇ ਗੋਸ਼ੇ ਵਿਚ ਜਾ ਬੈਠਦੇ ਹਨ ਤੇ ਮੋਨ ਧਾਰ ਲੈਂਦੇ ਹਨ;
55159	1284	ਇਕਿ ਪਾਲਾ ਕਕਰੁ ਭੰਨਿ ਸੀਤਲੁ ਜਲੁ ਹੇਂਵਹੀ॥		Eik Paalaa Kakar Bhann Seethal Jal Haenavehee ||	Some, in the dead of winter, break the ice and immerse themselves in freezing water.	ਕਈ ਪਾਲਾ-ਕੱਕਰ ਭੰਨ ਕੇ ਠੰਢਾ ਪਾਣੀ ਸਹਾਰਦੇ ਹਨ (ਭਾਵ, ਉਸ ਠੰਢੇ ਪਾਣੀ ਵਿਚ ਬੈਠਦੇ ਹਨ, ਜਿਸ ਉੱਤੇ ਕੱਕਰ ਜੰਮਿਆ ਪਿਆ ਹੈ);
55160	1284	ਇਕਿ ਭਸਮ ਚੜ੍ਹਾਵਹਿ ਅੰਗਿ ਮੈਲੁ ਨ ਧੋਵਹੀ॥		Eik Bhasam Charrhaavehi Ang Mail N Dhhovehee ||	Some rub ashes on their bodies, and never wash off their dirt.	ਕਈ ਮਨੁੱਖ ਪਿੰਡੇ ਤੇ ਸੁਆਹ ਮਲਦੇ ਹਨ ਤੇ (ਪਿੰਡੇ ਦੀ) ਮੈਲ ਕਦੇ ਨਹੀਂ ਧੋਂਦੇ (ਭਾਵ, ਇਸ਼ਨਾਨ ਨਹੀਂ ਕਰਦੇ);
55161	1284	ਇਕਿ ਜਟਾ ਬਿਕਟ ਬਿਕਰਾਲ ਕੁਲੁ ਘਰੁ ਖੋਵਹੀ॥		Eik Jattaa Bikatt Bikaraal Kul Ghar Khovehee ||	Some look hideous, with their uncut hair matted and dishevelled. They bring dishonor to their family and ancestry.	ਕਈ ਮਨੁੱਖ ਔਖੀਆਂ ਡਰਾਉਣੀਆਂ ਜਟਾਂ ਵਧਾ ਲੈਂਦੇ ਹਨ (ਫ਼ਕੀਰ ਬਣ ਕੇ ਆਪਣੀ) ਕੁਲ ਤੇ ਆਪਣਾ ਘਰ ਗਵਾ ਲੈਂਦੇ ਹਨ;
55162	1285	ਇਕਿ ਨਗਨ ਫਿਰਹਿ ਦਿਨੁ ਰਾਤਿ ਨੀਂਦ ਨ ਸੋਵਹੀ॥		Eik Nagan Firehi Dhin Raath Nanaeedh N Sovehee ||	Some wander naked day and night and never sleep.	ਕਈ ਬੰਦੇ ਦਿਨੇ ਰਾਤ ਨੰਗੇ ਪਏ ਫਿਰਦੇ ਹਨ, ਕਈ ਸੌਂਦੇ ਭੀ ਨਹੀਂ ਹਨ;

55163	1285	ਇਕਿ ਅਗਨਿ ਜਲਾਵਹਿ ਅੰਗੁ ਆਪੁ ਵਿਗੋਵਹੀ॥		Eik Agan Jalaavehi Ang Aap Vigovehee ||	Some burn their limbs in fire, damaging and ruining themselves.	ਕਈ ਮਨੁੱਖ ਅੱਗ ਨਾਲ ਆਪਣਾ ਸਰੀਰ ਸਾੜਦੇ ਹਨ (ਭਾਵ; ਧੂਣੀਆਂ ਤਪਾਂਦੇ ਹਨ ਤੇ ਇਸ ਤਰ੍ਹਾਂ) ਅਪਾਣਾ ਆਪ ਖ਼ੁਆਰ ਕਰਦੇ ਹਨ।
55164	1285	ਵਿਣੁ ਨਾਵੈ ਤਨੁ ਛਾਰੁ ਕਿਆ ਕਹਿ ਰੋਵਹੀ॥		Vin Naavai Than Shhaar Kiaa Kehi Rovehee ||	Without the Name, the body is reduced to ashes; what good is it to speak and cry then?	ਪਰ ਪ੍ਰਭੂ ਦੇ ਨਾਮ ਤੋਂ ਵਾਂਜੇ ਰਹਿ ਕੇ ਮਨੁੱਖਾ-ਸਰੀਰ ਵਿਅਰਥ ਗਵਾਇਆ, ਹੁਣ ਉਹ ਕੀਹ ਆਖ ਕੇ ਰੋਣ? (ਨਾਮ-ਸਿਮਰਨ ਦਾ ਮੌਕਾ ਗਵਾ ਕੇ ਪਛੁਤਾਣ ਦਾ ਕੋਈ ਲਾਭ ਨਹੀਂ)।
55165	1285	ਸੋਹਨਿ ਖਸਮ ਦੁਆਰਿ ਜਿ ਸਤਿਗੁਰੁ ਸੇਵਹੀ॥੧੫॥		Sohan Khasam Dhuaar J Sathigur Saevehee ||15||	Those who serve the True Guru, are embellished and exalted in the Court of their Lord and Master. ||15||	ਕੇਵਲ ਉਹ ਜੀਵ ਮਾਲਕ-ਪ੍ਰਭੂ ਦੀ ਹਜ਼ੂਰੀ ਵਿਚ ਸੋਭਦੇ ਹਨ ਜੋ ਗੁਰੂ ਦੇ ਹੁਕਮ ਵਿਚ ਤੁਰਦੇ ਹਨ ॥੧੫॥
55166	1285	ਸਲੋਕ ਮਃ ੩॥		Salok Ma 3 ||	Shalok, Third Mehl:	
55167	1285	ਬਾਬੀਹਾ ਅੰਮ੍ਰਿਤ ਵੇਲੈ ਬੋਲਿਆ ਤਾਂ ਦਰਿ ਸੁਣੀ ਪੁਕਾਰ॥		Baabeehaa Anmrith Vaelai Boliaa Thaan Dhar Sunee Pukaar ||	The rainbird chirps in the ambrosial hours of the morning before the dawn; its prayers are heard in the Court of the Lord.	(ਜਦੋਂ ਜੀਵ-) ਪਪੀਹਾ ਅੰਮ੍ਰਿਤ ਵੇਲੇ ਅਰਜ਼ੋਈ ਕਰਦਾ ਹੈ ਤਾਂ ਉਸ ਦੀ ਅਰਦਾਸ ਪ੍ਰਭੂ ਦੀ ਦਰਗਾਹ ਵਿਚ ਸੁਣੀ ਜਾਂਦੀ ਹੈ।

55168	1285	ਮੇਘੈ ਨੋ ਫੁਰਮਾਨੁ ਹੋਆ ਵਰਸਹੁ ਕਿਰਪਾ ਧਾਰਿ॥		Maeghai No Furamaan Hoaa Varasahu Kirapaa Dhhaar ||	The order is issued to the clouds, to let the rains of mercy shower down.	(ਪ੍ਰਭੂ ਵਲੋਂ ਗੁਰੂ-) ਬੱਦਲ ਨੂੰ ਹੁਕਮ ਦੇਂਦਾ ਹੈ ਕਿ (ਇਸ ਅਰਜ਼ੋਈ ਕਰਨ ਵਾਲੇ ਉਤੇ) ਮਿਹਰ ਕਰ ਕੇ ('ਨਾਮ' ਦੀ) ਵਰਖਾ ਕਰੋ।
55169	1285	ਹਉ ਤਿਨ ਕੈ ਬਲਿਹਾਰਣੈ ਜਿਨੀ ਸਚੁ ਰਖਿਆ ਉਰਿ ਧਾਰਿ॥		Ho Thin Kai Balihaaranai Jinee Sach Rakhiaa Our Dhhaar ||	I am a sacrifice to those who enshrine the True Lord within their hearts.	ਜਿਨ੍ਹਾਂ ਮਨੁੱਖਾਂ ਨੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਇਆ ਹੈ, ਮੈਂ ਉਹਨਾਂ ਤੋਂ ਸਦਕੇ ਹਾਂ।
55170	1285	ਨਾਨਕ ਨਾਮੇ ਸਭ ਹਰੀਆਵਲੀ ਗੁਰ ਕੈ ਸਬਦਿ ਵੀਚਾਰਿ॥੧॥	ਹਰੀ-ਆਵਲੀ: ਬਿਹਾਰੀ ਦੱਬ ਕੇ ਬੋਲੋ	Naanak Naamae Sabh Hareeaavalee Gur Kai Sabadh Veechaar ||1||	O Nanak, through the Name, all are rejuvenated, contemplating the Word of the Guru's Shabad. ||1||	ਹੇ ਨਾਨਕ! ਸਤਿਗੁਰੂ ਦੇ ਸ਼ਬਦ ਦੀ ਰਾਹੀਂ ('ਨਾਮ' ਦੀ) ਵੀਚਾਰ ਕੀਤਿਆਂ (ਭਾਵ, ਨਾਮ ਸਿਮਰਿਆਂ) 'ਨਾਮ' ਦੀ ਬਰਕਤਿ ਨਾਲ ਸਾਰੀ ਸ੍ਰਿਸ਼ਟੀ ਹਰੀ-ਭਰੀ ਹੋ ਜਾਂਦੀ ਹੈ ॥੧॥
55171	1285	ਮਃ ੩॥		Ma 3 ||	Third Mehl:	
55172	1285	ਬਾਬੀਹਾ ਇਵ ਤੇਰੀ ਤਿਖਾ ਨ ਉਤਰੈ ਜੇ ਸਉ ਕਰਹਿ ਪੁਕਾਰ॥		Baabeehaa Eiv Thaeree Thikhaa N Outharai Jae So Karehi Pukaar ||	O rainbird, this is not the way to quench your thirst, even though you may cry out a hundred times.	ਹੇ (ਜੀਵ-) ਪਪੀਹੇ! ਜੇ ਤੂੰ ਸੌ ਵਾਰੀ ਤਰਲੇ ਲਏਂ ਤਾਂ ਭੀ ਇਸ ਤਰ੍ਹਾਂ ਤੇਰੀ (ਮਾਇਆ ਦੀ) ਤ੍ਰਿਸ਼ਨਾ ਮਿਟ ਨਹੀਂ ਸਕਦੀ,

55173	1285	ਨਦਰੀ ਸਤਿਗੁਰੁ ਪਾਈਐ ਨਦਰੀ ਉਪਜੈ ਪਿਆਰੁ॥		Nadharee Sathigur Paaeeai Nadharee Oupajai Piaar ||	By God's Grace, the True Guru is found; by His Grace, love wells up.	(ਕੇਵਲ) ਪ੍ਰਭੂ ਦੀ ਮੇਹਰ ਦੀ ਨਜ਼ਰ ਨਾਲ ਹੀ ਗੁਰੂ ਮਿਲਦਾ ਹੈ, ਤੇ ਮੇਹਰ ਨਾਲ ਹੀ ਹਿਰਦੇ ਵਿਚ ਪਿਆਰ ਪੈਦਾ ਹੁੰਦਾ ਹੈ।
55174	1285	ਨਾਨਕ ਸਾਹਿਬੁ ਮਨਿ ਵਸੈ ਵਿਚਹੁ ਜਾਹਿ ਵਿਕਾਰ॥੨॥		Naanak Saahib Man Vasai Vichahu Jaahi Vikaar ||2||	O Nanak, when the Lord and Master abides in the mind, corruption and evil leave from within. ||2||	ਹੇ ਨਾਨਕ! (ਜਦੋਂ ਆਪਣੀ ਮੇਹਰ ਨਾਲ) ਮਾਲਕ-ਪ੍ਰਭੂ (ਜੀਵ ਦੇ) ਮਨ ਵਿਚ ਆ ਵੱਸਦਾ ਹੈ ਤਾਂ (ਉਸ ਦੇ ਅੰਦਰੋਂ) ਸਾਰੇ ਵਿਕਾਰ ਨਾਸ ਹੋ ਜਾਂਦੇ ਹਨ ॥੨॥
55175	1285	ਪਉੜੀ॥		Pourree ||	Pauree:	
55176	1285	ਇਕਿ ਜੈਨੀ ਉਝੜ ਪਾਇ ਧੁਰਹੁ ਖੁਆਇਆ॥		Eik Jainee Oujharr Paae Dhurahu Khuaaeiaa ||	Some are Jains, wasting their time in the wilderness; by their pre-ordained destiny, they are ruined.	ਕਈ ਬੰਦੇ (ਜੋ) ਜੈਨੀ (ਅਖਵਾਂਦੇ ਹਨ) ਪ੍ਰਭੂ ਨੇ ਔਝੜੇ ਪਾ ਕੇ ਮੁੱਢ ਤੋਂ ਹੀ ਕੁਰਾਹੇ ਪਾ ਦਿੱਤੇ ਹਨ;
55177	1285	ਤਿਨ ਮੁਖਿ ਨਾਹੀ ਨਾਮੁ ਨ ਤੀਰਥਿ ਨ੍ਹਾਇਆ॥		Thin Mukh Naahee Naam N Theerathh Nhaaeiaa ||	The Naam, the Name of the Lord, is not on their lips; they do not bathe at sacred shrines of pilgrimage.	ਉਹਨਾਂ ਦੇ ਮੂੰਹ ਵਿਚ ਕਦੇ ਪ੍ਰਭੂ ਦਾ ਨਾਮ ਨਹੀਂ ਆਉਂਦਾ, ਨਾਹ ਹੀ ਉਹ (ਪ੍ਰਭੂ) ਤੀਰਥ ਉਤੇ ਇਸ਼ਨਾਨ ਕਰਦੇ ਹਨ;
55178	1285	ਹਥੀ ਸਿਰ ਖੋਹਾਇਨ ਭਦੁ ਕਰਾਇਆ॥	ਸਿਰ (ਭੱਦੂ) ਮੁੰਨਣਾਂ ਕੀਤਾ। ਹੱਥੀਂ। (ਦੂਜਾ ਪਾਠ: ਖੋਹਾਇ ਨ)	Hathhee Sir Khohaae N Bhadh Karaaeiaa ||	They pull out their hair with their hands, instead of shaving.	ਉਹ ਸਿਰ ਮੁਨਾਂਦੇ ਨਹੀਂ ਹਨ; ਹੱਥਾਂ ਨਾਲ ਸਿਰ (ਦੇ ਵਾਲ) ਪੁੱਟ ਲੈਂਦੇ ਹਨ;

55179	1285	ਕੁਚਿਲ ਰਹਹਿ ਦਿਨ ਰਾਤਿ ਸਬਦੁ ਨ ਭਾਇਆ॥	ਕੁਚਿਲ: ਪੋਲਾ ਬੋਲੋ	Kuchil Rehehi Dhin Raath Sabadh N Bhaaeiaa ||	They remain unclean day and night; they do not love the Word of the Shabad.	ਦਿਨ ਰਾਤ ਗੰਦੇ ਰਹਿੰਦੇ ਹਨ; ਉਹਨਾਂ ਨੂੰ ਗੁਰ-ਸ਼ਬਦ ਚੰਗਾ ਨਹੀਂ ਲੱਗਦਾ।
55180	1285	ਤਿਨ ਜਾਤਿ ਨ ਪਤਿ ਨ ਕਰਮੁ ਜਨਮੁ ਗਵਾਇਆ॥		Thin Jaath N Path N Karam Janam Gavaaeiaa ||	They have no status, no honor, and no good karma. They waste away their lives in vain.	ਇਹ ਲੋਕ ਜਨਮ (ਵਿਅਰਥ ਹੀ) ਗਵਾਂਦੇ ਹਨ, ਕੋਈ ਕੰਮ ਐਸਾ ਨਹੀਂ ਕਰਦੇ ਜਿਸ ਤੋਂ ਚੰਗੀ ਜਾਤਿ ਦੇ ਸਮਝੇ ਜਾ ਸਕਣ ਜਾਂ ਇੱਜ਼ਤ ਪਾ ਸਕਣ;
55181	1285	ਮਨਿ ਜੂਠੈ ਵੇਜਾਤਿ ਜੂਠਾ ਖਾਇਆ॥		Man Joothai Vaejaath Joothaa Khaaeiaa ||	Their minds are false and impure; that which they eat is impure and defiled.	ਇਹ ਕੁਜਾਤੀ ਲੋਕ ਮਨੋਂ ਭੀ ਜੂਠੇ ਹਨ ਤੇ ਜੂਠਾ ਭੋਜਨ ਹੀ ਖਾਂਦੇ ਹਨ।
55182	1285	ਬਿਨੁ ਸਬਦੈ ਆਚਾਰੁ ਨ ਕਿਨਹੀ ਪਾਇਆ॥		Bin Sabadhai Aachaar N Kin Hee Paaeiaa ||	Without the Shabad, no one achieves a lifestyle of good conduct.	ਗੁਰੂ ਦੇ ਸ਼ਬਦ ਤੋਂ ਬਿਨਾ ਕਿਸੇ ਨੇ ਭੀ ਚੰਗੀ ਰਹਿਣੀ ਨਹੀਂ ਲੱਭੀ।
55183	1285	ਗੁਰਮੁਖਿ ਓਅੰਕਾਰਿ ਸਚਿ ਸਮਾਇਆ॥੧੬॥		Guramukh Ouankaar Sach Samaaeiaa ||16||	The Gurmukh is absorbed in the True Lord God, the Universal Creator. ||16||	ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੈ ਉਹ ਸਦਾ-ਥਿਰ ਰਹਿਣ ਵਾਲੇ ਅਕਾਲ ਪੁਰਖ ਵਿਚ ਟਿਕਿਆ ਰਹਿੰਦਾ ਹੈ ॥੧੬॥
55184	1285	ਸਲੋਕ ਮਃ ੩॥		Salok Ma 3 ||	Shalok, Third Mehl:	

55185	1285	ਸਾਵਣਿ ਸਰਸੀ ਕਾਮਣੀ ਗੁਰ ਸਬਦੀ ਵੀਚਾਰਿ॥		Saavan Sarasee Kaamanee Gur Sabadhee Veechaar ||	In the month of Saawan the bride is happy contemplating the Word of the Guru's Shabad.	(ਜਿਵੇਂ) ਸਾਵਣ ਦੇ ਮਹੀਨੇ ਵਿਚ (ਵਰਖਾ ਨਾਲ ਸਾਰੇ ਬੂਟੇ ਹਰੇ ਹੋ ਜਾਂਦੇ ਹਨ; ਤਿਵੇਂ) ਜੀਵ-ਇਸਤ੍ਰੀ ਸਤਿਗੁਰੂ ਦੇ ਸ਼ਬਦ ਦੀ ਰਾਹੀਂ 'ਨਾਮ' ਦੀ ਵੀਚਾਰ ਕਰ ਕੇ ('ਨਾਮ'-ਵਰਖਾ ਨਾਲ) ਰਸ ਵਾਲੀ (ਰਸੀਏ ਜੀਵਨ ਵਾਲੀ) ਹੋ ਜਾਂਦੀ ਹੈ।
55186	1285	ਨਾਨਕ ਸਦਾ ਸੁਹਾਗਣੀ ਗੁਰ ਕੈ ਹੇਤਿ ਅਪਾਰਿ॥੧॥		Naanak Sadhaa Suhaaganee Gur Kai Haeth Apaar ||1||	O Nanak, she is a happy soul-bride forever; her love for the Guru is unlimited. ||1||	ਹੇ ਨਾਨਕ! ਸਤਿਗੁਰੂ ਨਾਲ ਅਪਾਰ ਪਿਆਰ ਕੀਤਿਆਂ ਜੀਵ-ਇਸਤ੍ਰੀ ਸਦਾ ਸੁਹਾਗਵਤੀ ਰਹਿੰਦੀ ਹੈ ॥੧॥
55187	1285	ਮਃ ੩॥		Ma 3 ||	Third Mehl:	
55188	1285	ਸਾਵਣਿ ਦਝੈ ਗੁਣ ਬਾਹਰੀ ਜਿਸੁ ਦੂਜੈ ਭਾਇ ਪਿਆਰੁ॥	ਦੱਝੈ	Saavan Dhajhai Gun Baaharee Jis Dhoojai Bhaae Piaar ||	In Saawan, she who has no virtue is burned, in attachment and love of duality.	(ਜਿਵੇਂ) ਸਾਵਣ ਦੇ ਮਹੀਨੇ ਵਿਚ (ਮੀਂਹ ਪਿਆਂ ਹੋਰ ਤਾਂ ਸਾਰੇ ਵਣਤ੍ਰਿਣ ਹਰੇ ਹੁੰਦੇ ਹਨ, ਪਰ ਅੱਕ ਤੇ ਜਿਵਾਹ ਸੜ ਜਾਂਦੇ ਹਨ, ਜਿਵੇਂ ਨਾਮ-ਅੰਮ੍ਰਿਤ ਦੀ ਵਰਖਾ ਹੋਇਆਂ) ਗੁਣ-ਵਿਹੂਣੀ ਜੀਵ-ਇਸਤ੍ਰੀ (ਸਗੋਂ) ਸੜਦੀ ਹੈ ਕਿਉਂਕਿ ਉਸ ਦਾ ਪਿਆਰ ਦੂਜੇ ਪਾਸੇ ਹੈ।

55189	1285	ਨਾਨਕ ਪਿਰ ਕੀ ਸਾਰ ਨ ਜਾਣਈ ਸਭੁ ਸੀਗਾਰੁ ਖੁਆਰੁ॥੨॥		Naanak Pir Kee Saar N Jaanee Sabh Seegaar Khuaar ||2||	O Nanak, she does not appreciate the value of her Husband Lord; all her decorations are worthless. ||2||	ਹੇ ਨਾਨਕ! ਇਸਤ੍ਰੀ ਨੂੰ ਪਤੀ ਦੀ ਸਾਰ ਨਹੀਂ ਪਈ, ਉਸ ਦਾ (ਹੋਰ) ਸਾਰਾ ਸਿੰਗਾਰ (ਉਸ ਨੂੰ) ਖ਼ੁਆਰ ਕਰਨ ਵਾਲਾ ਹੀ ਹੈ ॥੨॥
55190	1285	ਪਉੜੀ॥		Pourree ||	Pauree:	
55191	1285	ਸਚਾ ਅਲਖ ਅਭੇਉ ਹਠਿ ਨ ਪਤੀਜਈ॥	ਅ-ਲਖ। ਹਠਿ:ਪੋਲਾ ਬੋਲੋ। ਪ-ਤੀਜਈ	Sachaa Alakh Abhaeo Hath N Patheejee ||	The True, Unseen, Mysterious Lord is not won over by stubbornness.	(ਜੀਵਾਂ ਦੇ) ਹਠ ਨਾਲ (ਭਾਵ, ਕਿਸੇ ਹਠ-ਕਰਮ ਨਾਲ) ਉਹ ਸੱਚਾ ਪ੍ਰਭੂ ਰਾਜ਼ੀ ਨਹੀਂ ਹੁੰਦਾ ਜੋ ਅਦ੍ਰਿਸ਼ਟ ਹੈ ਤੇ ਜਿਸ ਦਾ ਭੇਤ ਨਹੀਂ ਪਾਇਆ ਜਾ ਸਕਦਾ।
55192	1285	ਇਕਿ ਗਾਵਹਿ ਰਾਗ ਪਰੀਆ ਰਾਗਿ ਨ ਭੀਜਈ॥		Eik Gaavehi Raag Pareeaa Raag N Bheejee ||	Some sing according to traditional ragas, but the Lord is not pleased by these ragas.	ਕਈ ਲੋਕ ਰਾਗ ਰਾਗਣੀਆਂ ਗਾਂਦੇ ਹਨ, ਪਰ ਪ੍ਰਭੂ ਰਾਗ ਨਾਲ ਭੀ ਨਹੀਂ ਪ੍ਰਸੰਨ ਹੁੰਦਾ;
55193	1285	ਇਕਿ ਨਚਿ ਨਚਿ ਪੂਰਹਿ ਤਾਲ ਭਗਤਿ ਨ ਕੀਜਈ॥	ਕੀ-ਜਈ	Eik Nach Nach Poorehi Thaal Bhagath N Keejee ||	Some dance and dance and keep the beat, but they do not worship Him with devotion.	ਕਈ ਬੰਦੇ ਨੱਚ ਨੱਚ ਕੇ ਤਾਲ ਪੂਰਦੇ ਹਨ, ਪਰ (ਇਸ ਤਰ੍ਹਾਂ ਭੀ ਭਗਤੀ ਨਹੀਂ ਕੀਤੀ ਜਾ ਸਕਦੀ;

55194	1285	ਇਕਿ ਅੰਨੁ ਨ ਖਾਹਿ ਮੂਰਖ ਤਿਨਾ ਕਿਆ ਕੀਜਈ॥		Eik Ann N Khaahi Moorakh Thinaa Kiaa Keejee ||	Some refuse to eat; what can be done with these fools?	ਕਈ ਮੂਰਖ ਬੰਦੇ ਅੰਨ ਨਹੀਂ ਖਾਂਦੇ, ਪਰ (ਦੱਸੋ) ਇਹਨਾਂ ਦਾ ਕੀਹ ਕੀਤਾ ਜਾਏ? (ਇਹਨਾਂ ਨੂੰ ਕਿਵੇਂ ਸਮਝਾਈਏ ਕਿ ਇਸ ਤਰ੍ਹਾਂ ਪ੍ਰਭੂ ਖ਼ੁਸ਼ ਨਹੀਂ ਕੀਤਾ ਜਾ ਸਕਦਾ)।
55195	1285	ਤ੍ਰਿਸਨਾ ਹੋਈ ਬਹੁਤੁ ਕਿਵੈ ਨ ਧੀਜਈ॥	ਧੀ-ਜਈ	Thrisanaa Hoee Bahuth Kivai N Dhheejee ||	Thirst and desire have greatly increased; nothing brings satisfaction.	(ਜੀਵ ਦੀ) ਵਧੀ ਹੋਈ ਤ੍ਰਿਸ਼ਨਾ (ਇਹਨਾਂ ਹਠ-ਕਰਮਾਂ ਨਾਲ) ਕਿਸੇ ਤਰ੍ਹਾਂ ਭੀ ਸ਼ਾਂਤ ਨਹੀਂ ਕੀਤੀ ਜਾ ਸਕਦੀ;
55196	1285	ਕਰਮ ਵਧਹਿ ਕੈ ਲੋਅ ਖਪਿ ਮਰੀਜਈ॥	ਮ-ਰੀਜਈ	Karam Vadhhehi Kai Loa Khap Mareejee ||	Some are tied down by rituals; they hassle themselves to death.	ਭਾਵੇਂ ਕਈ ਹੋਰ ਧਰਤੀਆਂ (ਦੇ ਬੰਦਿਆਂ ਦੇ) ਕਰਮ-ਕਾਂਡ (ਇਥੇ) ਵਧ ਜਾਣ (ਤਾਂ ਭੀ) ਖਪ ਕੇ ਹੀ ਮਰੀਦਾ ਹੈ।
55197	1285	ਲਾਹਾ ਨਾਮੁ ਸੰਸਾਰਿ ਅੰਮ੍ਰਿਤੁ ਪੀਜਈ॥	ਪੀ-ਜਈ	Laahaa Naam Sansaar Anmrith Peejee ||	In this world, profit comes by drinking in the Ambrosial Nectar of the Naam.	ਜਗਤ ਵਿਚ ਪ੍ਰਭੂ ਦਾ ਨਾਮ ਹੀ ਖੱਟੀ ਹੈ, ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਹੀ ਪੀਣਾ ਚਾਹੀਦਾ ਹੈ।
55198	1285	ਹਰਿ ਭਗਤੀ ਅਸਨੇਹਿ ਗੁਰਮੁਖਿ ਘੀਜਈ॥੧੭॥	ਘੀ-ਜਈ	Har Bhagathee Asanaehi Guramukh Gheejee ||17||	The Gurmukhs gather in loving devotional worship of the Lord. ||17||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪ੍ਰਭੂ ਦੀ ਬੰਦਗੀ ਨਾਲ ਤੇ ਪ੍ਰਭੂ ਦੇ ਪਿਆਰ ਨਾਲ ਭਿੱਜਦਾ ਹੈ ॥੧੭॥
55199	1285	ਸਲੋਕ ਮਃ ੩॥		Salok Ma 3 ||	Shalok, Third Mehl:	

55200	1285	ਗੁਰਮੁਖਿ ਮਲਾਰ ਰਾਗੁ ਜੋ ਕਰਹਿ ਤਿਨ ਮਨੁ ਤਨੁ ਸੀਤਲੁ ਹੋਇ॥		Guramukh Malaar Raag Jo Karehi Thin Man Than Seethal Hoe ||	Those Gurmukhs who sing in the Raga of Malaar - their minds and bodies become cool and calm.	(ਆਮ ਪਰਚਲਤ ਖ਼ਿਆਲ ਇਹ ਹੈ ਕਿ ਜਦੋਂ ਕੋਈ ਮਨੁੱਖ ਮਲਾਰ ਰਾਗ ਗਾਵੇ ਤਾਂ ਘਟਾ ਆ ਜਾਂਦੀ ਹੈ ਤੇ ਮੀਂਹ ਪੈਣ ਲੱਗ ਪੈਂਦਾ ਹੈ, ਪਰ) ਜਿਹੜੇ ਮਨੁੱਖ ਗੁਰੂ ਦੇ ਸਨਮੁਖ ਹੋ ਕੇ ਮਲਾਰ ਰਾਗ ਗਾਂਦੇ ਹਨ (ਨਾਮ-ਜਲ ਦੀ ਵਰਖਾ ਨਾਲ) ਉਹਨਾਂ ਦਾ ਮਨ ਤੇ ਸਰੀਰ ਠੰਢੇ ਹੋ ਜਾਂਦੇ ਹਨ (ਭਾਵ, ਉਹਨਾਂ ਦੇ ਮਨ ਵਿਚ ਤੇ ਇੰਦ੍ਰਿਆਂ ਵਿਚ ਸ਼ਾਂਤੀ ਆ ਜਾਂਦੀ ਹੈ)
55201	1285	ਗੁਰ ਸਬਦੀ ਏਕੁ ਪਛਾਣਿਆ ਏਕੋ ਸਚਾ ਸੋਇ॥		Gur Sabadhee Eaek Pashhaaniaa Eaeko Sachaa Soe ||	Through the Word of the Guru's Shabad, they realize the One, the One True Lord.	ਕਿਉਂਕਿ ਸਤਿਗੁਰ ਦੇ ਸ਼ਬਦ ਦੀ ਰਾਹੀਂ ਉਹ ਉਸ ਇੱਕ ਪ੍ਰਭੂ ਨੂੰ ਪਛਾਣਦੇ ਹਨ (ਪ੍ਰਭੂ ਨਾਲ ਡੂੰਘੀ ਸਾਂਝ ਪਾਂਦੇ ਹਨ) ਜੋ ਸਦਾ ਕਾਇਮ ਰਹਿਣ ਵਾਲਾ ਹੈ।
55202	1285	ਮਨੁ ਤਨੁ ਸਚਾ ਸਚੁ ਮਨਿ ਸਚੇ ਸਚੀ ਸੋਇ॥		Man Than Sachaa Sach Man Sachae Sachee Soe ||	Their minds and bodies are true; they obey the True Lord, and they are known as true.	ਉਹਨਾਂ ਦਾ ਮਨ ਤੇ ਤਨ ਸੱਚੇ ਦਾ ਰੂਪ ਹੋ ਜਾਂਦਾ ਹੈ (ਭਾਵ, ਮਨ ਤੇ ਸਰੀਰ ਸੱਚੇ ਦੇ ਪ੍ਰੇਮ ਵਿਚ ਰੰਗੇ ਜਾਂਦੇ ਹਨ), ਸੱਚਾ ਪ੍ਰਭੂ ਉਹਨਾਂ ਦੇ ਮਨ ਵਿਚ ਵੱਸ ਪੈਂਦਾ ਹੈ ਤੇ ਸੱਚੇ ਦਾ ਰੂਪ ਹੋਣ ਕਰਕੇ ਉਹਨਾਂ ਦੀ ਸੋਭਾ ਸਦਾ-ਥਿਰ ਹੋ ਜਾਂਦੀ ਹੈ।

55203	1285	ਅੰਦਰਿ ਸਚੀ ਭਗਤਿ ਹੈ ਸਹਜੇ ਹੀ ਪਤਿ ਹੋਇ॥		Andhar Sachee Bhagath Hai Sehajae Hee Path Hoe ||	True devotional worship is deep within them; they are automatically blessed with honor.	ਉਹਨਾਂ ਦੇ ਅੰਦਰ ਸਦਾ-ਟਿਕਵੀਂ ਭਗਤੀ ਪੈਦਾ ਹੁੰਦੀ ਹੈ, ਸਦਾ ਆਤਮਕ ਅਡੋਲਤਾ ਵਿਚ ਟਿਕੇ ਰਹਿਣ ਦੇ ਕਾਰਨ ਉਹਨਾਂ ਨੂੰ ਇੱਜ਼ਤ ਮਿਲਦੀ ਹੈ।
55204	1285	ਕਲਿਜੁਗ ਮਹਿ ਘੋਰ ਅੰਧਾਰੁ ਹੈ ਮਨਮੁਖ ਰਾਹੁ ਨ ਕੋਇ॥		Kalijug Mehi Ghor Andhhaar Hai Manamukh Raahu N Koe ||	In this Dark Age of Kali Yuga, there is utter darkness; the self-willed manmukh cannot find the way.	ਕਲਿਜੁਗ ਵਿਚ (ਭਾਵ, ਇਸ ਵਿਕਾਰਾਂ-ਭਰੇ ਜਗਤ ਵਿਚ ਵਿਕਾਰਾਂ ਦਾ) ਘੁੱਪ ਹਨੇਰਾ ਹੈ, (ਆਪਣੇ) ਮਨ ਦੇ ਪਿੱਛੇ ਤੁਰਨ ਵਾਲੇ ਬੰਦਿਆਂ ਨੂੰ (ਇਸ ਹਨੇਰੇ ਵਿਚੋਂ ਨਿਕਲਣ ਲਈ) ਰਾਹ ਨਹੀਂ ਲੱਭਦਾ।
55205	1285	ਸੇ ਵਡਭਾਗੀ ਨਾਨਕਾ ਜਿਨ ਗੁਰਮੁਖਿ ਪਰਗਟੁ ਹੋਇ॥੧॥		Sae Vaddabhaagee Naanakaa Jin Guramukh Paragatt Hoe ||1||	O Nanak, very blessed are those Gurmukhs, unto whom the Lord is revealed. ||1||	ਹੇ ਨਾਨਕ! ਉਹ ਮਨੁੱਖ ਭਾਗਾਂ ਵਾਲੇ ਹਨ ਜਿਨ੍ਹਾਂ ਦੇ ਅੰਦਰ ਪਰਮਾਤਮਾ ਗੁਰੂ ਰਾਹੀਂ ਪਰਗਟ ਹੁੰਦਾ ਹੈ ॥੧॥
55206	1285	ਮਃ ੩॥		Ma 3 ||	Third Mehl:	
55207	1285	ਇੰਦੁ ਵਰਸੈ ਕਰਿ ਦਇਆ ਲੋਕਾਂ ਮਨਿ ਉਪਜੈ ਚਾਉ॥		Eindh Varasai Kar Dhaeiaa Lokaan Man Oupajai Chaao ||	The clouds rain down mercifully, and joy wells up in the minds of the people.	ਜਦੋਂ ਮਿਹਰ ਕਰ ਕੇ ਇੰਦਰ ਵਰਖਾ ਕਰਦਾ ਹੈ, ਲੋਕਾਂ ਦੇ ਮਨ ਵਿਚ ਖ਼ੁਸ਼ੀ ਪੈਦਾ ਹੁੰਦੀ ਹੈ,

55208	1285	ਜਿਸ ਕੈ ਹੁਕਮਿ ਇੰਦੁ ਵਰਸਦਾ ਤਿਸ ਕੈ ਸਦ ਬਲਿਹਾਰੈ ਜਾਂਉ॥		Jis Kai Hukam Eindh Varasadhaa This Kai Sadh Balihaarai Jaano ||	I am forever a sacrifice to the One, by whose Command the clouds burst forth with rain.	ਪਰ ਮੈਂ ਉਸ ਪ੍ਰਭੂ ਤੋਂ ਸਦਕੇ ਜਾਂਦਾ ਹਾਂ ਜਿਸ ਦੇ ਹੁਕਮ ਨਾਲ ਇੰਦਰ ਵਰਖਾ ਕਰਦਾ ਹੈ।
55209	1286	ਗੁਰਮੁਖਿ ਸਬਦੁ ਸਮ੍ਹਾਲੀਐ ਸਚੇ ਕੇ ਗੁਣ ਗਾਉ॥		Guramukh Sabadh Samhaaleeai Sachae Kae Gun Gaao ||	The Gurmukhs dwell on the Word of the Shabad. They sing the Glorious Praises of the True Lord.	ਗੁਰੂ ਦੇ ਸਨਮੁਖ ਹੋਇਆਂ ਹੀ (ਪ੍ਰਭੂ ਦੀ ਸਿਫ਼ਤ-ਸਾਲਾਹ ਦਾ) ਸ਼ਬਦ (ਹਿਰਦੇ ਵਿਚ) ਸੰਭਾਲਿਆ ਜਾ ਸਕਦਾ ਹੈ ਤੇ ਸਦਾ-ਥਿਰ ਹਰੀ ਦੇ ਗੁਣ ਗਾਏ ਜਾ ਸਕਦੇ ਹਨ।
55210	1286	ਨਾਨਕ ਨਾਮਿ ਰਤੇ ਜਨ ਨਿਰਮਲੇ ਸਹਜੇ ਸਚਿ ਸਮਾਉ॥੨॥		Naanak Naam Rathae Jan Niramalae Sehajae Sach Samaao ||2||	O Nanak, those humble beings who are imbued with the Naam are pure and immaculate. They are intuitively merged in the True Lord. ||2||	ਹੇ ਨਾਨਕ! ਉਹ ਮਨੁੱਖ ਪਵਿੱਤ੍ਰ ਹਨ ਜੋ ਪ੍ਰਭੂ ਦੇ ਨਾਮ ਵਿਚ ਰੰਗੇ ਹੋਏ ਹਨ, ਉਹ ਆਤਮਕ ਅਡੋਲਤਾ ਦੀ ਰਾਹੀਂ ਸਦਾ-ਥਿਰ ਪ੍ਰਭੂ ਵਿਚ ਜੁੜੇ ਰਹਿੰਦੇ ਹਨ ॥੨॥
55211	1286	ਪਉੜੀ॥		Pourree ||	Pauree:	
55212	1286	ਪੂਰਾ ਸਤਿਗੁਰੁ ਸੇਵਿ ਪੂਰਾ ਪਾਇਆ॥		Pooraa Sathigur Saev Pooraa Paaeiaa ||	Serving the Perfect True Guru, I have found the Perfect Lord.	ਜਿਸ ਨੇ ਪੂਰੇ ਗੁਰੂ ਦਾ ਹੁਕਮ ਮੰਨਿਆ ਹੈ ਉਸ ਨੂੰ ਪੂਰਾ ਪ੍ਰਭੂ ਮਿਲ ਪੈਂਦਾ ਹੈ;

55213	1286	ਪੂਰੈ ਕਰਮਿ ਧਿਆਇ ਪੂਰਾ ਸਬਦੁ ਮੰਨਿ ਵਸਾਇਆ॥		Poorai Karam Dhhiaae Pooraa Sabadh Mann Vasaaeiaa ||	Meditating on the Perfect Lord, by perfect karma, I have enshrined the Shabad within my mind.	ਪੂਰੇ (ਭਾਵ, ਅਭੁੱਲ) ਪ੍ਰਭੂ ਦੀ ਬਖ਼ਸ਼ਸ਼ ਨਾਲ ਪ੍ਰਭੂ ਨੂੰ ਸਿਮਰ ਕੇ ਸਿਫ਼ਤ-ਸਾਲਾਹ ਦੀ ਬਾਣੀ ਉਹ ਮਨੁੱਖ ਆਪਣੇ ਮਨ ਵਿਚ ਵਸਾਂਦਾ ਹੈ;
55214	1286	ਪੂਰੈ ਗਿਆਨਿ ਧਿਆਨਿ ਮੈਲੁ ਚੁਕਾਇਆ॥		Poorai Giaan Dhhiaan Mail Chukaaeiaa ||	Through perfect spiritual wisdom and meditation, my filth has been washed away.	ਪੂਰਨ ਆਤਮਕ ਸਮਝ ਤੇ ਅਡੋਲ ਸੁਰਤ ਦੀ ਬਰਕਤਿ ਨਾਲ ਉਹ ਆਪਣੇ ਮਨ ਦੀ ਮੈਲ ਦੂਰ ਕਰਦਾ ਹੈ।
55215	1286	ਹਰਿ ਸਰਿ ਤੀਰਥਿ ਜਾਣਿ ਮਨੂਆ ਨਾਇਆ॥	ਨ੍ਹਾਇਆ	Har Sar Theerathh Jaan Manooaa Naaeiaa ||	The Lord is my sacred shrine of pilgrimage and pool of purification; I wash my mind in Him.	(ਇਸ ਤਰ੍ਹਾਂ ਉਸ ਦਾ) ਸੋਹਣਾ (ਹੋਇਆ) ਮਨ ਆਤਮਕ ਜੀਵਨ ਦੀ ਸੂਝ ਹਾਸਲ ਕਰ ਕੇ ਪ੍ਰਭੂ-ਰੂਪ ਸਰੋਵਰ ਵਿਚ ਪ੍ਰਭੂ-ਰੂਪ ਤੀਰਥ ਉਤੇ ਇਸ਼ਨਾਨ ਕਰਦਾ ਹੈ।
55216	1286	ਸਬਦਿ ਮਰੈ ਮਨੁ ਮਾਰਿ ਧੰਨੁ ਜਣੇਦੀ ਮਾਇਆ॥		Sabadh Marai Man Maar Dhhann Janaedhee Maaeiaa ||	One who dies in the Shabad and conquers his mind - blessed is the mother who gave birth to him.	ਉਸ ਮਨੁੱਖ ਦੀ ਮਾਂ ਭਾਗਾਂ ਵਾਲੀ ਹੈ ਜੋ ਗੁਰ-ਸ਼ਬਦ ਦੀ ਰਾਹੀਂ ਮਨ ਨੂੰ ਵੱਸ ਵਿਚ ਲਿਆ ਕੇ (ਮਾਇਆ ਦੇ ਮੋਹ ਵਲੋਂ, ਮਾਨੋ) ਮਰ ਜਾਂਦਾ ਹੈ;
55217	1286	ਦਰਿ ਸਚੈ ਸਚਿਆਰੁ ਸਚਾ ਆਇਆ॥		Dhar Sachai Sachiaar Sachaa Aaeiaa ||	He is true in the Court of the Lord, and his coming into this world is judged to be true.	ਉਹ ਮਨੁੱਖ ਸੱਚੇ ਪ੍ਰਭੂ ਦੀ ਹਜ਼ੂਰੀ ਵਿਚ ਸੱਚਾ ਤੇ ਸੱਚ ਦਾ ਵਪਾਰੀ ਮੰਨਿਆ ਜਾਂਦਾ ਹੈ।

55218	1286	ਪੁਛਿ ਨ ਸਕੈ ਕੋਇ ਜਾਂ ਖਸਮੈ ਭਾਇਆ॥		Pushh N Sakai Koe Jaan Khasamai Bhaaeiaa ||	No one can challenge that person, with whom our Lord and Master is pleased.	ਉਸ ਮਨੁੱਖ ਦੇ ਜੀਵਨ ਤੇ ਕੋਈ ਹੋਰ ਉਂਗਲ ਨਹੀਂ ਕਰ ਸਕਦਾ ਕਿਉਂਕਿ ਉਹ ਖਸਮ-ਪ੍ਰਭੂ ਨੂੰ ਭਾ ਜਾਂਦਾ ਹੈ।
55219	1286	ਨਾਨਕ ਸਚੁ ਸਲਾਹਿ ਲਿਖਿਆ ਪਾਇਆ॥੧੮॥		Naanak Sach Salaahi Likhiaa Paaeiaa ||18||	O Nanak, praising the True Lord, his pre-ordained destiny is activated. ||18||	ਹੇ ਨਾਨਕ! ਸਦਾ-ਥਿਰ ਪ੍ਰਭੂ ਦੇ ਗੁਣ ਗਾ ਕੇ ਉਹ (ਸਿਫ਼ਤ ਸਾਲਾਹ-ਰੂਪ ਮੱਥੇ ਉਤੇ) ਲਿਖਿਆ (ਭਾਗ) ਹਾਸਲ ਕਰ ਲੈਂਦਾ ਹੈ ॥੧੮॥
55220	1286	ਸਲੋਕ ਮਃ ੧॥		Salok Ma 1 ||	Shalok, Third Mehl:	
55221	1286	ਕੁਲਹਾਂ ਦੇਂਦੇ ਬਾਵਲੇ ਲੈਂਦੇ ਵਡੇ ਨਿਲਜ॥	(ਕੁਲਹਾਂ) ਟੋਪੀ। ਨਿ-ਲੱਜ	Kulehaan Dhaenadhae Baavalae Lainadhae Vaddae Nilaj ||	Those who give out ceremonial hats of recognition are fools; those who receive them have no shame.	ਉਹ ਲੋਕ ਮੂਰਖ ਕਮਲੇ ਹਨ ਜੋ (ਚੇਲਿਆਂ ਨੂੰ) (ਸੇਹਲੀ-) ਟੋਪੀ ਦੇਂਦੇ ਹਨ (ਤੇ ਆਪਣੇ ਆਪ ਨੂੰ ਮਸ਼ਹੂਰ ਕਰਨ ਲਈ ਆਪਣੇ ਥਾਂ ਗੱਦੀ ਦੇਂਦੇ ਹਨ; ਇਹ ਸੇਹਲੀ-ਟੋਪੀ) ਲੈਣ ਵਾਲੇ ਭੀ ਬਦੀਦ ਹਨ (ਜੋ ਨਿਰੀ ਸੇਹਲੀ-ਟੋਪੀ ਨਾਲ ਆਪਣੇ ਆਪ ਨੂੰ ਬਰਕਤਿ ਦੇਣ ਦੇ ਸਮਰੱਥ ਸਮਝ ਲੈਂਦੇ ਹਨ)
55222	1286	ਚੂਹਾ ਖਡ ਨ ਮਾਵਈ ਤਿਕਲਿ ਬੰਨ੍ਹੈ ਛਜ॥	ਤਿੱਕਲਿ	Choohaa Khadd N Maavee Thikal Bannhai Shhaj ||	The mouse cannot enter its hole with a basket tied around its waist.	(ਇਹਨਾਂ ਦੀ ਹਾਲਤ ਤਾਂ ਇਉਂ ਹੀ ਹੈ ਜਿਵੇਂ) ਚੂਹਾ (ਆਪ ਹੀ) ਖੁੱਡ ਵਿਚ ਸਮਾ (ਵੜ) ਨਹੀਂ ਸਕਦਾ, (ਤੇ ਉਤੋਂ) ਲੱਕ ਨਾਲ ਛੱਜ ਬੰਨ੍ਹ ਲੈਂਦਾ ਹੈ।

55223	1286	ਦੇਨ੍ਹਿ ਦੁਆਈ ਸੇ ਮਰਹਿ ਜਿਨ ਕਉ ਦੇਨਿ ਸਿ ਜਾਹਿ॥	ਦੁਆਈਅਸੀਸਾਂ	Dhaenih Dhuaaee Sae Marehi Jin Ko Dhaen S Jaahi ||	Those who give out blessings shall die, and those that they bless shall also depart.	(ਇਹੋ ਜਿਹੀਆਂ ਗੱਦੀਆਂ ਥਾਪ ਕੇ) ਜੋ ਹੋਰਨਾਂ ਨੂੰ ਅਸੀਸਾਂ ਦੇਂਦੇ ਹਨ ਉਹ ਭੀ ਮਰ ਜਾਂਦੇ ਹਨ ਤੇ ਅਸੀਸਾਂ ਲੈਣ ਵਾਲੇ ਭੀ ਮਰ ਜਾਂਦੇ ਹਨ,
55224	1286	ਨਾਨਕ ਹੁਕਮੁ ਨ ਜਾਪਈ ਕਿਥੈ ਜਾਇ ਸਮਾਹਿ॥		Naanak Hukam N Jaapee Kithhai Jaae Samaahi ||	O Nanak, no one knows the Lord's Command, by which all must depart.	ਪਰ ਹੇ ਨਾਨਕ! ਪਰਮਾਤਮਾ ਦੀ ਰਜ਼ਾ ਸਮਝੀ ਨਹੀਂ ਜਾ ਸਕਦੀ ਕਿ ਉਹ (ਮਰ ਕੇ) ਕਿਥੇ ਜਾ ਪੈਂਦੇ ਹਨ (ਭਾਵ, ਨਿਰੀਆਂ ਸੇਹਲੀ-ਟੋਪੀ ਤੇ ਅਸੀਸਾਂ ਪ੍ਰਭੂ ਦੀ ਹਜ਼ੂਰੀ ਵਿਚ ਕਬੂਲ ਪੈਣ ਲਈ ਕਾਫ਼ੀ ਨਹੀਂ ਹਨ; ਮੁਰਸ਼ਿਦ ਦੀ ਚੇਲੇ ਨੂੰ ਅਸੀਸ ਤੇ ਸੇਹਲੀ-ਟੋਪੀ ਜੀਵਨ ਦਾ ਸਹੀ ਰਸਤਾ ਨਹੀਂ ਹੈ)।
55225	1286	ਫਸਲਿ ਅਹਾੜੀ ਏਕੁ ਨਾਮੁ ਸਾਵਣੀ ਸਚੁ ਨਾਉ॥		Fasal Ahaarree Eaek Naam Saavanee Sach Naao ||	The spring harvest is the Name of the One Lord; the harvest of autumn is the True Name.	ਮੈਂ ਤਾਂ ਸਿਰਫ਼ 'ਨਾਮ' ਹੀ ਹਾੜੀ ਦੀ ਫ਼ਸਲ ਬਣਾਇਆ ਹੈ ਤੇ ਸੱਚਾ ਨਾਮ ਹੀ ਸਾਉਣੀ ਦੀ ਫ਼ਸਲ, (ਭਾਵ, 'ਨਾਮ' ਹੀ ਮੇਰੇ ਜੀਵਨ-ਸਫ਼ਰ ਦੀ ਪੂੰਜੀ ਹੈ),
55226	1286	ਮੈ ਮਹਦੂਦੁ ਲਿਖਾਇਆ ਖਸਮੈ ਕੈ ਦਰਿ ਜਾਇ॥	(ਮਹਦੂਦੁ) ਮੁਆਫ਼ੀ ਦਾ ਪਟਾ, ਨਾਮ	Mai Mehadhoodh Likhaaeiaa Khasamai Kai Dhar Jaae ||	I receive a letter of pardon from my Lord and Master, when I reach His Court.	ਇਹ ਮੈਂ ਇਕ ਐਸਾ ਪਟਾ ਲਿਖਾਇਆ ਹੈ ਜੋ ਖਸਮ-ਪ੍ਰਭੂ ਦੀ ਹਜ਼ੂਰੀ ਵਿਚ ਜਾ ਅੱਪੜਦਾ ਹੈ (ਨੋਟ: ਪੀਰ ਆਪਣੇ ਚੇਲਿਆਂ ਤੋਂ ਹਾੜੀ ਤੇ ਸਾਵਣੀ ਦੇ ਫ਼ਸਲ ਸਮੇ ਜਾ ਕੇ ਕਾਰ-ਭੇਟ ਲੈਂਦੇ ਹਨ)।

55227	1286	ਦੁਨੀਆ ਕੇ ਦਰ ਕੇਤੜੇ ਕੇਤੇ ਆਵਹਿ ਜਾਂਹਿ॥		Dhuneeaa Kae Dhar Kaetharrae Kaethae Aavehi Jaanhi ||	There are so many courts of the world, and so many who come and go there.	ਦੁਨੀਆ ਦੇ (ਪੀਰਾਂ ਮੁਰਸ਼ਿਦਾਂ ਦੇ ਤਾਂ) ਬੜੇ ਅੱਡੇ ਹਨ, ਕਈ ਇਥੇ ਆਉਂਦੇ ਤੇ ਜਾਂਦੇ ਹਨ;
55228	1286	ਕੇਤੇ ਮੰਗਹਿ ਮੰਗਤੇ ਕੇਤੇ ਮੰਗਿ ਮੰਗਿ ਜਾਹਿ॥੧॥		Kaethae Mangehi Mangathae Kaethae Mang Mang Jaahi ||1||	There are so many beggars begging; so many beg and beg until death. ||1||	ਕਈ ਮੰਗਤੇ ਇਹਨਾਂ ਪਾਸੋਂ ਮੰਗਦੇ ਹਨ ਤੇ ਕਈ ਮੰਗ ਮੰਗ ਕੇ ਤੁਰ ਜਾਂਦੇ ਹਨ (ਪਰ ਪ੍ਰਭੂ ਦਾ 'ਨਾਮ'-ਰੂਪ ਪਟਾ ਇਹਨਾਂ ਤੋਂ ਨਹੀਂ ਮਿਲ ਸਕਦਾ) ॥੧॥
55229	1286	ਮਃ ੧॥		Ma 1 ||	First Mehl:	
55230	1286	ਸਉ ਮਣੁ ਹਸਤੀ ਘਿਉ ਗੁੜੁ ਖਾਵੈ ਪੰਜਿ ਸੈ ਦਾਣਾ ਖਾਇ॥		So Man Hasathee Ghio Gurr Khaavai Panj Sai Dhaanaa Khaae ||	The elephant eats a hundred pounds of ghee and molasses, and five hundred pounds of corn.	ਹਾਥੀ ਕਿਤਨਾ ਹੀ ਘਿਉ ਗੁੜ ਤੇ ਕਈ ਮਣਾਂ ਦਾਣਾ ਖਾਂਦਾ ਹੈ;
55231	1286	ਡਕੈ ਫੂਕੈ ਖੇਹ ਉਡਾਵੈ ਸਾਹਿ ਗਇਐ ਪਛੁਤਾਇ॥	(ਡੱਕੈ) ਡਕਾਰ ਲੈਂਦਾਹੈ। (ਫੁੱਕੈ) ਉੱਚੀ ਫੁਕਾਰੇ ਮਾਰਦਾ ਹੈ	Ddakai Fookai Khaeh Ouddaavai Saahi Gaeiai Pashhuthaae ||	He belches and grunts and scatters dust, and when the breath leaves his body, he regrets it.	(ਰੱਜ ਕੇ) ਡਕਾਰਦਾ ਹੈ, ਸ਼ੂਕਦਾ ਹੈ, ਮਿੱਟੀ (ਸੁੰਡ ਨਾਲ) ਉਡਾਂਦਾ ਹੈ, ਪਰ ਜਦੋਂ ਸਾਹ ਨਿਕਲ ਜਾਂਦਾ ਹੈ ਤਾਂ ਉਸ ਦਾ ਡਕਾਰਨਾ ਸ਼ੂਕਣਾ ਮੁੱਕ ਜਾਂਦਾ ਹੈ।
55232	1286	ਅੰਧੀ ਫੂਕਿ ਮੁਈ ਦੇਵਾਨੀ॥	(ਫੁਕਿ) ਹੰਕਾਰ ਦੀ ਫ਼ੂਕ	Andhhee Fook Muee Dhaevaanee ||	The blind and arrogant die insane.	(ਧਨ-ਪਦਾਰਥ ਦੇ ਮਾਣ ਵਿਚ) ਅੰਨ੍ਹੀ ਤੇ ਕਮਲੀ (ਹੋਈ ਦੁਨੀਆ ਭੀ ਹਾਥੀ ਵਾਂਗ) ਫੂਕਰਾਂ ਮਾਰ ਕੇ ਮਰਦੀ ਹੈ: (ਆਤਮਕ ਮੌਤ ਸਹੇੜਦੀ ਹੈ)।

55233	1286	ਖਸਮਿ ਮਿਟੀ ਫਿਰਿ ਭਾਨੀ॥		Khasam Mittee Fir Bhaanee ||	Submitting to the Lord, one become pleasing to Him.	ਜੇ (ਅਹੰਕਾਰ ਗਵਾ ਕੇ) ਖਸਮ ਵਿਚ ਸਮਾਏ ਤਾਂ ਹੀ ਖਸਮ ਨੂੰ ਭਾਉਂਦੀ ਹੈ।
55234	1286	ਅਧੁ ਗੁਲ੍ਹਾ ਚਿੜੀ ਕਾ ਚੁਗਣੁ ਗੈਣਿ ਚੜੀ ਬਿਲਲਾਇ॥		Adhh Gulhaa Chirree Kaa Chugan Gain Charree Bilalaae ||	The sparrow eats only half a grain, then it flies through the sky and chirps.	ਚਿੜੀ ਦੀ ਚੋਗ ਹੈ ਅੱਧਾ ਦਾਣਾ (ਭਾਵ, ਬਹੁਤ ਥੋੜ੍ਹੀ ਜਿਹੀ), (ਇਹ ਥੋੜ੍ਹੀ ਜਿਹੀ ਚੋਗ ਚੁਗ ਕੇ) ਉਹ ਆਕਾਸ਼ ਵਿਚ ਉੱਡਦੀ ਹੈ ਤੇ ਬੋਲਦੀ ਹੈ;
55235	1286	ਖਸਮੈ ਭਾਵੈ ਓਹਾ ਚੰਗੀ ਜਿ ਕਰੇ ਖੁਦਾਇ ਖੁਦਾਇ॥		Khasamai Bhaavai Ouhaa Changee J Karae Khudhaae Khudhaae ||	The good sparrow is pleasing to her Lord and Master, if she chirps the Name of the Lord.	ਜੇ ਜੋ ਉਹ ਮਾਲਕ-ਪ੍ਰਭੂ ਨੂੰ ਯਾਦ ਕਰਦੀ ਹੈ ਤੇ ਉਸ ਨੂੰ ਭਾਉਂਦੀ ਹੈ ਤਾਂ ਉਹ ਚਿੜੀ ਹੀ ਚੰਗੀ ਹੈ (ਡਕਾਰਨ ਤੇ ਫੂਕਰਾਂ ਮਾਰਨ ਵਾਲੇ ਹਾਥੀ ਨਾਲੋਂ ਇਹ ਨਿੱਕੀ ਜਿਹੀ ਚਿੜੀ ਚੰਗੀ ਹੈ)।
55236	1286	ਸਕਤਾ ਸੀਹੁ ਮਾਰੇ ਸੈ ਮਿਰਿਆ ਸਭ ਪਿਛੈ ਪੈ ਖਾਇ॥	(ਮਿਰਿਆ) ਮ੍ਰਿਗਾਂ	Sakathaa Seehu Maarae Sai Miriaa Sabh Pishhai Pai Khaae ||	The powerful tiger kills hundreds of deer, and all sorts of other animals eat what it leaves.	ਇਕ ਬਲੀ ਸ਼ੇਰ ਸੈਂਕੜੇ ਮਿਰਗਾਂ ਨੂੰ ਮਾਰਦਾ ਹੈ, ਉਸ ਸ਼ੇਰ ਦੇ ਪਿੱਛੇ ਕਈ ਹੋਰ ਜੰਗਲੀ ਪਸ਼ੂ ਭੀ ਪੇਟ ਭਰਦੇ ਹਨ;
55237	1286	ਹੋਇ ਸਤਾਣਾ ਘੁਰੈ ਨ ਮਾਵੈ ਸਾਹਿ ਗਇਐ ਪਛੁਤਾਇ॥		Hoe Sathaanaa Ghurai N Maavai Saahi Gaeiai Pashhuthaae ||	It becomes very strong, and cannot be contained in its den, but when it must go, it regrets.	ਤਾਕਤ ਦੇ ਮਾਣ ਵਿਚ ਉਹ ਸ਼ੇਰ ਆਪਣੇ ਘੁਰਨੇ ਵਿਚ ਨਹੀਂ ਸਮਾਂਦਾ, ਪਰ ਜਦੋਂ ਉਸ ਦਾ ਸਾਹ ਨਿਕਲ ਜਾਂਦਾ ਹੈ ਤਾਂ ਉਸ ਦਾ ਬੁੱਕਣਾ ਮੁੱਕ ਜਾਂਦਾ ਹੈ।
55238	1286	ਅੰਧਾ ਕਿਸ ਨੋ ਬੁਕਿ ਸੁਣਾਵੈ॥	(ਅੰਧਾ) ਅੰਨ੍ਹਾਂ ਸ਼ੇਰ ਅਤਵਾ ਅਗਿਆਨੀ। (ਬੁੱਕਿ) ਗੱਜ ਕੇ	Andhhaa Kis No Buk Sunaavai ||	So who is impressed by the roar of the blind beast?	ਉਹ ਅੰਨ੍ਹਾ ਕਿਸ ਨੂੰ ਬੁੱਕ ਬੁੱਕ ਕੇ ਸੁਣਾਂਦਾ ਹੈ?

55239	1286	ਖਸਮੈ ਮੂਲਿ ਨ ਭਾਵੈ॥		Khasamai Mool N Bhaavai ||	He is not pleasing at all to his Lord and Master.	ਖਸਮ-ਪ੍ਰਭੂ ਨੂੰ ਤਾਂ ਉਸ ਦਾ ਬੁੱਕਣਾ ਚੰਗਾ ਨਹੀਂ ਲੱਗਦਾ।
55240	1286	ਅਕ ਸਿਉ ਪ੍ਰੀਤਿ ਕਰੇ ਅਕ ਤਿਡਾ ਅਕ ਡਾਲੀ ਬਹਿ ਖਾਇ॥	ਅੱਕ	Ak Sio Preeth Karae Ak Thiddaa Ak Ddaalee Behi Khaae ||	The insect loves the milkweed plant; perched on its branch, it eats it.	(ਇਸ ਸ਼ੇਰ ਦੇ ਟਾਕਰੇ ਤੇ, ਵੇਖੋ,) ਅੱਕ-ਤਿੱਡਾ ਅੱਕ ਨਾਲ ਪਿਆਰ ਕਰਦਾ ਹੈ, ਅੱਕ ਦੀ ਡਾਲੀ ਉਤੇ ਬੈਠ ਕੇ ਅੱਕ ਹੀ ਖਾਂਦਾ ਹੈ;
55241	1286	ਖਸਮੈ ਭਾਵੈ ਓਹੋ ਚੰਗਾ ਜਿ ਕਰੇ ਖੁਦਾਇ ਖੁਦਾਇ॥		Khasamai Bhaavai Ouho Changaa J Karae Khudhaae Khudhaae ||	It becomes good and pleasing to its Lord and Master, if it chirps the Name of the Lord.	ਪਰ ਜੇ ਉਹ ਮਾਲਕ-ਪ੍ਰਭੂ ਨੂੰ ਯਾਦ ਕਰਦਾ ਹੈ ਤੇ ਉਸ ਨੂੰ ਭਾਉਂਦਾ ਹੈ ਤਾਂ (ਬੁੱਕ ਬੁੱਕ ਕੇ ਹੋਰਨਾਂ ਨੂੰ ਡਰਾਣ ਵਾਲੇ ਸ਼ੇਰ ਨਾਲੋਂ) ਉਹ ਅੱਕ-ਤਿੱਡਾ ਹੀ ਚੰਗਾ ਹੈ।
55242	1286	ਨਾਨਕ ਦੁਨੀਆ ਚਾਰਿ ਦਿਹਾੜੇ ਸੁਖਿ ਕੀਤੈ ਦੁਖੁ ਹੋਈ॥		Naanak Dhuneeaa Chaar Dhihaarrae Sukh Keethai Dhukh Hoee ||	O Nanak, the world lasts for only a few days; indulging in pleasures, pain is produced.	ਹੇ ਨਾਨਕ! ਦੁਨੀਆ (ਵਿਚ ਜੀਉਣ) ਚਾਰ ਦਿਨਾਂ ਦਾ ਹੈ, ਇਥੇ ਮੌਜ ਮਾਣਿਆਂ ਦੁੱਖ ਹੀ ਨਿਕਲਦਾ ਹੈ,
55243	1286	ਗਲਾ ਵਾਲੇ ਹੈਨਿ ਘਣੇਰੇ ਛਡਿ ਨ ਸਕੈ ਕੋਈ॥		Galaa Vaalae Hain Ghanaerae Shhadd N Sakai Koee ||	There are many who boast and brag, but none of them can remain detached from the world.	(ਇਹ ਦੁਨੀਆ ਦੀ ਮਿਠਾਸ ਐਸੀ ਹੈ ਕਿ ਜ਼ਬਾਨੀ ਗਿਆਨ ਦੀਆਂ) ਗੱਲਾਂ ਕਰਨ ਵਾਲੇ ਤਾਂ ਬੜੇ ਹਨ ਪਰ (ਇਸ ਮਿਠਾਸ ਨੂੰ) ਕੋਈ ਛੱਡ ਨਹੀਂ ਸਕਦਾ।
55244	1286	ਮਖੀਂ ਮਿਠੈ ਮਰਣਾ॥		Makhanaee Mithai Maranaa ||	The fly dies for the sake of sweets.	ਮੱਖੀਆਂ ਇਸ ਮਿਠਾਸ ਉਤੇ ਮਰਦੀਆਂ ਹਨ।

55245	1286	ਜਿਨ ਤੂ ਰਖਹਿ ਤਿਨ ਨੇੜਿ ਨ ਆਵੈ ਤਿਨ ਭਉ ਸਾਗਰੁ ਤਰਣਾ॥੨॥		Jin Thoo Rakhehi Thin Naerr N Aavai Thin Bho Saagar Tharanaa ||2||	O Lord, death does not even approach those whom You protect. You carry them across the terrifying world-ocean. ||2||	ਪਰ, ਹੇ ਪ੍ਰਭੂ! ਜਿਨ੍ਹਾਂ ਨੂੰ ਤੂੰ ਬਚਾਏਂ ਉਹਨਾਂ ਦੇ ਇਹ ਮਿਠਾਸ ਨੇੜੇ ਨਹੀਂ ਢੁਕਦੀ, ਉਹ ਸੰਸਾਰ-ਸਮੁੰਦਰ ਤੋਂ (ਸਾਫ਼) ਤਰ ਕੇ ਲੰਘ ਜਾਂਦੇ ਹਨ ॥੨॥
55246	1286	ਪਉੜੀ॥		Pourree ||	Pauree:	
55247	1286	ਅਗਮ ਅਗੋਚਰੁ ਤੂ ਧਣੀ ਸਚਾ ਅਲਖ ਅਪਾਰੁ॥		Agam Agochar Thoo Dhhanee Sachaa Alakh Apaar ||	You are Inaccessible and Unfathomable, O Invisible and Infinite True Lord Master.	ਹੇ ਪ੍ਰਭੂ! ਤੂੰ ਅਪਹੁੰਚ ਹੈਂ, ਤੂੰ (ਮਾਨੁੱਖੀ) ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈਂ, ਤੂੰ ਸਭ ਦਾ ਮਾਲਕ ਹੈਂ ਸਦਾ-ਥਿਰ ਹੈਂ, ਅਦ੍ਰਿਸ਼ਟ ਹੈਂ ਤੇ ਬੇਅੰਤ ਹੈਂ।
55248	1286	ਤੂ ਦਾਤਾ ਸਭਿ ਮੰਗਤੇ ਇਕੋ ਦੇਵਣਹਾਰੁ॥		Thoo Dhaathaa Sabh Mangathae Eiko Dhaevanehaar ||	You are the Giver, all are beggars of You. You alone are the Great Giver.	ਸਾਰੇ ਜੀਵ ਮੰਗਤੇ ਹਨ ਤੂੰ ਦਾਤਾ ਹੈਂ, ਤੂੰ ਇਕੋ ਹੀ ਸਭ ਨੂੰ ਦੇਣ-ਜੋਗਾ ਹੈਂ।
55249	1286	ਜਿਨੀ ਸੇਵਿਆ ਤਿਨੀ ਸੁਖੁ ਪਾਇਆ ਗੁਰਮਤੀ ਵੀਚਾਰੁ॥		Jinee Saeviaa Thinee Sukh Paaeiaa Guramathee Veechaar ||	Those who serve You find peace, reflecting on the Guru's Teachings.	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਮੱਤ ਦੀ ਰਾਹੀਂ (ਉੱਚੀ) ਸਮਝ ਹਾਸਲ ਕਰ ਕੇ ਤੈਨੂੰ ਸਿਮਰਿਆ ਹੈ ਉਹਨਾਂ ਨੇ ਸੁਖ ਪ੍ਰਾਪਤ ਕੀਤਾ ਹੈ;

55250	1286	ਇਕਨਾ ਨੋ ਤੁਧੁ ਏਵੈ ਭਾਵਦਾ ਮਾਇਆ ਨਾਲਿ ਪਿਆਰੁ॥		Eikanaa No Thudhh Eaevai Bhaavadhaa Maaeiaa Naal Piaar ||	Some, according to Your Will, are in love with Maya.	ਪਰ, ਹੇ ਪ੍ਰਭੂ! ਕਈ ਜੀਵਾਂ ਨੂੰ ਤੂੰ ਮਾਇਆ ਨਾਲ ਪਿਆਰ ਕਰਨਾ ਹੀ ਦਿੱਤਾ ਹੈ, ਤੈਨੂੰ ਇਉਂ ਹੀ ਚੰਗਾ ਲੱਗਦਾ ਹੈ।
55251	1286	ਗੁਰ ਕੈ ਸਬਦਿ ਸਲਾਹੀਐ ਅੰਤਰਿ ਪ੍ਰੇਮ ਪਿਆਰੁ॥		Gur Kai Sabadh Salaaheeai Anthar Praem Piaar ||	Through the Word of the Guru's Shabad, praise the Lord with love and affection within.	ਸਤਿਗੁਰੂ ਦੇ ਸ਼ਬਦ ਦੀ ਰਾਹੀਂ ਹਿਰਦੇ ਵਿਚ ਪ੍ਰੇਮ-ਪਿਆਰ ਪੈਦਾ ਕਰ ਕੇ ਹੀ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ ਜਾ ਸਕਦੀ ਹੈ;
55252	1286	ਵਿਣੁ ਪ੍ਰੀਤੀ ਭਗਤਿ ਨ ਹੋਵਈ ਵਿਣੁ ਸਤਿਗੁਰ ਨ ਲਗੈ ਪਿਆਰੁ॥		Vin Preethee Bhagath N Hovee Vin Sathigur N Lagai Piaar ||	Without love, there is no devotion. Without the True Guru, love is not enshrined.	ਪ੍ਰੇਮ ਤੋਂ ਬਿਨਾ ਬੰਦਗੀ ਨਹੀਂ ਹੋ ਸਕਦੀ, ਤੇ ਪ੍ਰੇਮ ਸਤਿਗੁਰੂ ਤੋਂ ਬਿਨਾ ਨਹੀਂ ਮਿਲਦਾ।
55253	1286	ਤੂ ਪ੍ਰਭੁ ਸਭਿ ਤੁਧੁ ਸੇਵਦੇ ਇਕ ਢਾਢੀ ਕਰੇ ਪੁਕਾਰ॥		Thoo Prabh Sabh Thudhh Saevadhae Eik Dtaadtee Karae Pukaar ||	You are the Lord God; everyone serves You. This is the prayer of Your humble minstrel.	ਤੂੰ ਸਭ ਦਾ ਮਾਲਕ ਹੈਂ, ਸਾਰੇ ਜੀਵ ਤੈਨੂੰ ਹੀ ਸਿਮਰਦੇ ਹਨ; ਮੈਂ (ਤੇਰਾ) ਢਾਢੀ (ਤੇਰੇ ਅੱਗੇ) ਇਕ ਇਹੀ ਅਰਜ਼ੋਈ ਕਰਦਾ ਹਾਂ-

55254	1286	ਦੇਹਿ ਦਾਨੁ ਸੰਤੋਖੀਆ ਸਚਾ ਨਾਮੁ ਮਿਲੈ ਆਧਾਰੁ॥੧੯॥		Dhaehi Dhaan Santhokheeaa Sachaa Naam Milai Aadhhaar ||19||	Please bless me with the gift of contentment, that I may receive the True Name as my Support. ||19||	ਹੇ ਪ੍ਰਭੂ! ਮੈਨੂੰ ਆਪਣਾ 'ਨਾਮ' ਬਖ਼ਸ਼, ਮੈਨੂੰ ਤੇਰਾ ਸਦਾ ਕਾਇਮ ਰਹਿਣ ਵਾਲਾ ਨਾਮ ਹੀ (ਜ਼ਿੰਦਗੀ ਦਾ) ਆਸਰਾ ਮਿਲੇ, (ਜਿਸ ਦੀ ਬਰਕਤਿ ਨਾਲ) ਮੈਂ ਸੰਤੋਖ ਵਾਲਾ ਹੋ ਜਾਵਾਂ ॥੧੯॥
55255	1287	ਸਲੋਕ ਮਃ ੧॥		Salok Ma 1 ||	Shalok, First Mehl:	
55256	1287	ਰਾਤੀ ਕਾਲੁ ਘਟੈ ਦਿਨਿ ਕਾਲੁ॥		Raathee Kaal Ghattai Dhin Kaal ||	Through the night the time ticks away; through the day the time ticks away.	ਜਿਉਂ ਜਿਉਂ ਰਾਤਿ ਦਿਨ ਬੀਤਦੇ ਹਨ ਉਮਰ ਦਾ ਸਮਾ ਘਟਦਾ ਹੈ,
55257	1287	ਛਿਜੈ ਕਾਇਆ ਹੋਇ ਪਰਾਲੁ॥		Shhijai Kaaeiaa Hoe Paraal ||	The body wears away and turns to straw.	ਸਰੀਰ ਬੁੱਢਾ ਹੁੰਦਾ ਜਾਂਦਾ ਹੈ ਤੇ ਕਮਜ਼ੋਰ ਪੈਂਦਾ ਜਾਂਦਾ ਹੈ;
55258	1287	ਵਰਤਣਿ ਵਰਤਿਆ ਸਰਬ ਜੰਜਾਲੁ॥		Varathan Varathiaa Sarab Janjaal ||	All are involved and entangled in worldly entanglements.	ਜਗਤ ਦਾ ਵਰਤਣਿ-ਵਲੇਵਾ (ਜੀਵ ਲਈ) ਸਾਰਾ ਫਾਹੀ ਬਣਦਾ ਜਾਂਦਾ ਹੈ।
55259	1287	ਭੁਲਿਆ ਚੁਕਿ ਗਇਆ ਤਪ ਤਾਲੁ॥		Bhuliaa Chuk Gaeiaa Thap Thaal ||	The mortal has mistakenly renounced the way of service.	(ਇਸ ਵਿਚ) ਭੁੱਲੇ ਹੋਏ ਨੂੰ ਬੰਦਗੀ ਦੀ ਜਾਚ ਵਿੱਸਰ ਜਾਂਦੀ ਹੈ।
55260	1287	ਅੰਧਾ ਝਖਿ ਝਖਿ ਪਇਆ ਝੇਰਿ॥		Andhhaa Jhakh Jhakh Paeiaa Jhaer ||	The blind fool is caught in conflict, bothered and bewildered.	(ਜਗਤ ਦੇ ਵਰਤਣਿ-ਵਲੇਵੇ ਵਿਚ) ਅੰਨ੍ਹਾ ਹੋਇਆ ਜੀਵ (ਇਸ ਵਿਚ) ਝਖਾਂ ਮਾਰ ਮਾਰ ਕੇ (ਕਿਸੇ ਲੰਮੇ) ਝੰਬੇਲੇ ਵਿਚ ਜਾ ਪੈਂਦਾ ਹੈ,

55261	1287	ਪਿਛੈ ਰੋਵਹਿ ਲਿਆਵਹਿ ਫੇਰਿ॥		Pishhai Rovehi Liaavehi Faer ||	Those who weep after someone has died - can they bring him back to life?	ਤੇ, (ਉਸ ਦੇ ਮਰਨ) ਪਿਛੋਂ (ਉਸ ਦੇ ਸਨਬੰਧੀ) ਰੋਂਦੇ ਹਨ (ਤੇ ਵੈਣ ਕਰਦੇ ਹਨ ਕਿ ਉਸ ਨੂੰ ਕਿਵੇਂ) ਮੋੜ ਲਿਆਈਏ।
55262	1287	ਬਿਨੁ ਬੂਝੇ ਕਿਛੁ ਸੂਝੈ ਨਾਹੀ॥		Bin Boojhae Kishh Soojhai Naahee ||	Without realization, nothing can be understood.	ਸਮਝਣ ਤੋਂ ਬਿਨਾ ਜਗਤ ਨੂੰ (ਵਰਤਣਿ-ਵਲੇਵੇ ਵਿਚ) ਕੁਝ ਸੁੱਝਦਾ ਨਹੀਂ;
55263	1287	ਮੋਇਆ ਰੋਂਹਿ ਰੋਂਦੇ ਮਰਿ ਜਾਂਹੀ॥		Moeiaa Ronehi Ronadhae Mar Jaanhanaee ||	The weepers who weep for the dead shall themselves die as well.	(ਮਰਨ ਵਾਲਾ ਤਾਂ) ਮਰ ਗਿਆ, (ਪਿਛਲੇ) ਰੋਂਦੇ ਹਨ ਤੇ ਰੋ ਰੋ ਕੇ ਖਪਦੇ ਹਨ।
55264	1287	ਨਾਨਕ ਖਸਮੈ ਏਵੈ ਭਾਵੈ॥		Naanak Khasamai Eaevai Bhaavai ||	O Nanak, this is the Will of our Lord and Master.	ਪਰ, ਹੇ ਨਾਨਕ! ਖਸਮ ਪ੍ਰਭੂ ਨੂੰ ਇਉਂ ਹੀ ਚੰਗਾ ਲੱਗਦਾ ਹੈ (ਕਿ ਜੀਵ ਇਸੇ ਤਰ੍ਹਾਂ ਪਏ ਖਪਣ)।
55265	1287	ਸੇਈ ਮੁਏ ਜਿਨ ਚਿਤਿ ਨ ਆਵੈ॥੧॥		Saeee Mueae Jin Chith N Aavai ||1||	Those who do not remember the Lord, are dead. ||1||	(ਅਸਲ ਵਿਚ) ਆਤਮਕ ਮੌਤੇ ਮਰੇ ਹੋਏ ਉਹੀ ਹਨ ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ ਨਹੀਂ ਵੱਸਦਾ ॥੧॥
55266	1287	ਮਃ ੧॥		Ma 1 ||	First Mehl:	
55267	1287	ਮੁਆ ਪਿਆਰੁ ਪ੍ਰੀਤਿ ਮੁਈ ਮੁਆ ਵੈਰੁ ਵਾਦੀ॥		Muaa Piaar Preeth Muee Muaa Vair Vaadhee ||	Love dies, and affection dies; hatred and strife die.	(ਜਦੋਂ ਮਨੁੱਖ ਮਰ ਜਾਂਦਾ ਹੈ ਤਾਂ ਉਸ ਦਾ ਉਹ) ਪ੍ਰੀਤ-ਪਿਆਰ ਮੁੱਕ ਜਾਂਦਾ ਹੈ (ਜੋ ਉਹ ਆਪਣੇ ਸਨਬੰਧੀਆਂ ਨਾਲ ਕਰਦਾ ਸੀ) ਝਗੜਿਆਂ ਦਾ ਮੂਲ ਵੈਰ ਭੀ ਖ਼ਤਮ ਹੋ ਜਾਂਦਾ ਹੈ;

55268	1287	ਵੰਨੁ ਗਇਆ ਰੂਪੁ ਵਿਣਸਿਆ ਦੁਖੀ ਦੇਹ ਰੁਲੀ॥		Vann Gaeiaa Roop Vinasiaa Dhukhee Dhaeh Rulee ||	The color fades, and beauty vanishes; the body suffers and collapses.	(ਸਰੀਰ ਦਾ ਸੋਹਣਾ) ਰੰਗ ਰੂਪ ਨਾਸ ਹੋ ਜਾਂਦਾ ਹੈ, ਵਿਚਾਰਾ ਸਰੀਰ ਭੀ ਰੁਲ ਜਾਂਦਾ ਹੈ (ਅੱਗ ਜਾਂ ਮਿੱਟੀ ਆਦਿਕ ਦੇ ਹਵਾਲੇ ਹੋ ਜਾਂਦਾ ਹੈ)।
55269	1287	ਕਿਥਹੁ ਆਇਆ ਕਹ ਗਇਆ ਕਿਹੁ ਨ ਸੀਓ ਕਿਹੁ ਸੀ॥		Kithhahu Aaeiaa Keh Gaeiaa Kihu N Seeou Kihu See ||	Where did he come from? Where is he going? Did he exist or not?	(ਉਸ ਦੇ ਸਨਬੰਧੀ ਤੇ ਭਾਈਚਾਰੇ ਦੇ ਬੰਦੇ) ਮਨ ਵਿਚ (ਖ਼ਿਆਲ ਕਰਦੇ ਹਨ) ਤੇ ਮੂੰਹੋਂ ਗੱਲਾਂ ਕਰਦੇ ਹਨ ਕਿ ਉਹ ਕਿਥੋਂ ਆਇਆ ਸੀ ਕਿਥੇ ਤੁਰ ਗਿਆ (ਭਾਵ, ਜਿਥੋਂ ਆਇਆ ਸੀ ਓਥੇ ਚਲਾ ਗਿਆ) ਉਹ ਇਹੋ ਜਿਹਾ ਨਹੀਂ ਸੀ ਤੇ ਇਹੋ ਜਿਹਾ ਹੈਸੀ (ਭਾਵ ਉਸ ਵਿਚ ਫਲਾਣੇ ਐਬ ਨਹੀਂ ਸਨ, ਤੇ, ਉਸ ਵਿਚ ਫਲਾਣੇ ਗੁਣ ਸਨ),
55270	1287	ਮਨਿ ਮੁਖਿ ਗਲਾ ਗੋਈਆ ਕੀਤਾ ਚਾਉ ਰਲੀ॥	(ਗੋਈਆਂ) ਕਹੀਆਂ	Man Mukh Galaa Goeeaa Keethaa Chaao Ralee ||	The self-willed manmukh made empty boasts, indulging in parties and pleasures.	ਮਨ ਵਿਚ ਅਤੇ ਮੂੰਹ ਨਾਲ ਆਖਦੇ ਹਨ ਉਹ ਬੜੇ ਚਾਉ ਤੇ ਰਲੀਆਂ ਮਾਣ ਗਿਆ ਹੈ।
55271	1287	ਨਾਨਕ ਸਚੇ ਨਾਮ ਬਿਨੁ ਸਿਰ ਖੁਰ ਪਤਿ ਪਾਟੀ॥੨॥	ਸਿਰ ਤੋਂ (ਖੁਰ) ਪੈਰਾਂ ਤੱਕ	Naanak Sachae Naam Bin Sir Khur Path Paattee ||2||	O Nanak, without the True Name, his honor is torn away, from head to foot. ||2||	ਪਰ, ਹੇ ਨਾਨਕ! (ਲੋਕ ਜੋ ਚਾਹੇ ਆਖੇ) ਪਰਮਾਤਮਾ ਦੇ ਨਾਮ ਤੋਂ ਬਿਨਾ (ਲੋਕਾਂ ਵਲੋਂ ਹੋਈ ਹੋਈ) ਸਾਰੀ ਦੀ ਸਾਰੀ ਇੱਜ਼ਤ ਲੀਰਾਂ ਹੋ ਗਈ (ਸਮਝੋ) ॥੨॥
55272	1287	ਪਉੜੀ॥		Pourree ||	Pauree:	

55273	1287	ਅੰਮ੍ਰਿਤ ਨਾਮੁ ਸਦਾ ਸੁਖਦਾਤਾ ਅੰਤੇ ਹੋਇ ਸਖਾਈ॥		Anmrith Naam Sadhaa Sukhadhaathaa Anthae Hoe Sakhaaee ||	The Ambrosial Naam, the Name of the Lord, is forever the Giver of peace. It shall be your Help and Support in the end.	ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਸਦਾ ਸੁਖ ਦੇਣ ਵਾਲਾ ਹੈ, ਆਖ਼ਰ ('ਨਾਮ' ਹੀ) ਮਿੱਤਰ ਬਣਦਾ ਹੈ।
55274	1287	ਬਾਝੁ ਗੁਰੂ ਜਗਤੁ ਬਉਰਾਨਾ ਨਾਵੈ ਸਾਰ ਨ ਪਾਈ॥	ਜੱਗਤੁ	Baajh Guroo Jagath Bouraanaa Naavai Saar N Paaee ||	Without the Guru, the world is insane. It does not appreciate the worth of the Name.	ਪਰ ਜਗਤ, ਗੁਰੂ ਤੋਂ ਬਿਨਾ ਕਮਲਾ ਜਿਹਾ ਹੋ ਰਿਹਾ ਹੈ, (ਕਿਉਂਕਿ ਗੁਰੂ ਤੋਂ ਬਿਨਾ ਇਸ ਨੂੰ) ਨਾਮ ਦੀ ਕਦਰ ਨਹੀਂ ਪੈਂਦੀ।
55275	1287	ਸਤਿਗੁਰੁ ਸੇਵਹਿ ਸੇ ਪਰਵਾਣੁ ਜਿਨ੍ ਜੋਤੀ ਜੋਤਿ ਮਿਲਾਈ॥		Sathigur Saevehi Sae Paravaan Jinh Jothee Joth Milaaee ||	Those who serve the True Guru are accepted and approved. Their light merges into the Light.	ਜਿਹੜੇ ਬੰਦੇ ਗੁਰੂ ਦੇ ਕਹੇ ਅਨੁਸਾਰ ਤੁਰਦੇ ਹਨ (ਤੇ ਇਸ ਤਰ੍ਹਾਂ) ਜਿਨ੍ਹਾਂ ਨੇ ਪ੍ਰਭੂ ਵਿਚ ਆਪਣੀ ਸੁਰਤ ਜੋੜੀ ਹੈ ਉਹ (ਪ੍ਰਭੂ-ਦਰ ਤੇ) ਕਬੂਲ ਹਨ।
55276	1287	ਸੋ ਸਾਹਿਬੁ ਸੋ ਸੇਵਕੁ ਤੇਹਾ ਜਿਸੁ ਭਾਣਾ ਮੰਨਿ ਵਸਾਈ॥		So Saahib So Saevak Thaehaa Jis Bhaanaa Mann Vasaaee ||	That servant who enshrines the Lord's Will within his mind, becomes just like his Lord and Master.	ਜਿਸ ਮਨੁੱਖ ਨੂੰ ਪ੍ਰਭੂ ਆਪਣਾ ਭਾਣਾ (ਮਿੱਠਾ ਕਰ) ਮਨਾਂਦਾ ਹੈ ਉਹ ਸੇਵਕ ਉਹੋ ਜਿਹਾ ਹੋ ਜਾਂਦਾ ਹੈ ਜੈਸਾ ਪ੍ਰਭੂ-ਮਾਲਕ ਹੈ।

55277	1287	ਆਪਣੈ ਭਾਣੈ ਕਹੁ ਕਿਨਿ ਸੁਖੁ ਪਾਇਆ ਅੰਧਾ ਅੰਧੁ ਕਮਾਈ॥		Aapanai Bhaanai Kahu Kin Sukh Paaeiaa Andhhaa Andhh Kamaaee ||	Tell me, who has ever found peace by following his own will? The blind act in blindness.	ਆਪਣੀ ਮਰਜ਼ੀ ਅਨੁਸਾਰ ਤੁਰ ਕੇ ਕਦੇ ਕੋਈ ਮਨੁੱਖ ਸੁਖ ਨਹੀਂ ਪਾਂਦਾ, ਅੰਨ੍ਹਾ ਸਦਾ ਅੰਨ੍ਹਿਆਂ ਵਾਲਾ ਕੰਮ ਹੀ ਕਰਦਾ ਹੈ;
55278	1287	ਬਿਖਿਆ ਕਦੇ ਹੀ ਰਜੈ ਨਾਹੀ ਮੂਰਖ ਭੁਖ ਨ ਜਾਈ॥	ਰੱਜੈ	Bikhiaa Kadhae Hee Rajai Naahee Moorakh Bhukh N Jaaee ||	No one is ever satisfied and fulfilled by evil and corruption. The hunger of the fool is not satisfied.	ਮੂਰਖ ਦੀ (ਮਾਇਆ ਦੀ) ਭੁੱਖ ਮੁੱਕਦੀ ਨਹੀਂ, ਮਾਇਆ ਵਿਚ ਕਦੇ ਉਹ ਰੱਜਦਾ ਨਹੀਂ ਹੈ।
55279	1287	ਦੂਜੈ ਸਭੁ ਕੋ ਲਗਿ ਵਿਗੁਤਾ ਬਿਨੁ ਸਤਿਗੁਰ ਬੂਝ ਨ ਪਾਈ॥	ਵਿਗੁੱਤਾ	Dhoojai Sabh Ko Lag Viguthaa Bin Sathigur Boojh N Paaee ||	Attached to duality, all are ruined; without the True Guru, there is no understanding.	ਮਾਇਆ ਵਿਚ ਲੱਗ ਕੇ ਹਰ ਕੋਈ ਖ਼ੁਆਰ ਹੀ ਹੁੰਦਾ ਹੈ, ਗੁਰੂ ਤੋਂ ਬਿਨਾ ਸਮਝ ਨਹੀਂ ਪੈਂਦੀ (ਕਿ ਮਾਇਆ ਦਾ ਮੋਹ ਖ਼ੁਆਰੀ ਦਾ ਹੀ ਮੂਲ ਹੈ)।
55280	1287	ਸਤਿਗੁਰੁ ਸੇਵੇ ਸੋ ਸੁਖੁ ਪਾਏ ਜਿਸ ਨੋ ਕਿਰਪਾ ਕਰੇ ਰਜਾਈ॥੨੦॥		Sathigur Saevae So Sukh Paaeae Jis No Kirapaa Karae Rajaaee ||20||	Those who serve the True Guru find peace; they are blessed with Grace by the Will of the Lord. ||20||	ਜਿਸ ਮਨੁੱਖ ਉਤੇ ਪ੍ਰਭੂ ਮਿਹਰ ਕਰਦਾ ਹੈ ਉਹ ਗੁਰੂ ਦੇ ਕਹੇ ਅਨੁਸਾਰ ਤੁਰਦਾ ਹੈ ਤੇ ਸੁਖ ਪਾਂਦਾ ਹੈ ॥੨੦॥
55281	1287	ਸਲੋਕ ਮਃ ੧॥		Salok Ma 1 ||	Shalok, First Mehl:	

55282	1287	ਸਰਮੁ ਧਰਮੁ ਦੁਇ ਨਾਨਕਾ ਜੇ ਧਨੁ ਪਲੈ ਪਾਇ॥		Saram Dhharam Dhue Naanakaa Jae Dhhan Palai Paae ||	Modesty and righteousness both, O Nanak, are qualities of those who are blessed with true wealth.	ਹੇ ਨਾਨਕ! (ਜਗਤ ਸਮਝਦਾ ਹੈ ਕਿ) ਜੇ ਧਨ ਮਿਲ ਜਾਏ ਤਾਂ ਇੱਜ਼ਤ ਬਣੀ ਰਹਿੰਦੀ ਹੈ ਤੇ ਧਰਮ ਕਮਾ ਸਕੀਦਾ ਹੈ।
55283	1287	ਸੋ ਧਨੁ ਮਿਤ੍ਰੁ ਨ ਕਾਂਢੀਐ ਜਿਤੁ ਸਿਰਿ ਚੋਟਾਂ ਖਾਇ॥		So Dhhan Mithra N Kaandteeai Jith Sir Chottaan Khaae ||	Do not refer to that wealth as your friend, which leads you to get your head beaten.	ਪਰ, ਜਿਸ (ਧਨ) ਦੇ ਕਾਰਣ ਸਿਰ ਉਤੇ ਚੋਟਾਂ ਪੈਣ ਉਹ ਧਨ ਮਿੱਤ੍ਰ (ਭਾਵ, ਸ਼ਰਮ ਧਰਮ ਵਿਚ ਸਹਾਈ) ਨਹੀਂ ਕਿਹਾ ਜਾ ਸਕਦਾ।
55284	1287	ਜਿਨ ਕੈ ਪਲੈ ਧਨੁ ਵਸੈ ਤਿਨ ਕਾ ਨਾਉ ਫਕੀਰ॥	ਪੱਲੈ	Jin Kai Palai Dhhan Vasai Thin Kaa Naao Fakeer ||	Those who possess only this worldly wealth are known as paupers.	ਜਿਨ੍ਹਾਂ ਪਾਸ ਧਨ ਹੈ ਉਹਨਾਂ ਦਾ ਨਾਮ 'ਕੰਗਾਲ' ਹੈ; (ਉਹ ਆਤਮਕ ਜੀਵਨ ਵਿਚ ਕੰਗਾਲ ਹਨ);
55285	1287	ਜਿਨ੍ ਕੈ ਹਿਰਦੈ ਤੂ ਵਸਹਿ ਤੇ ਨਰ ਗੁਣੀ ਗਹੀਰ॥੧॥		Jinh Kai Hiradhai Thoo Vasehi Thae Nar Gunee Geheer ||1||	But those, within whose hearts You dwell, O Lord - those people are oceans of virtue. ||1||	ਤੇ ਹੇ ਪ੍ਰਭੂ! ਜਿਨ੍ਹਾਂ ਦੇ ਹਿਰਦੇ ਵਿਚ ਤੂੰ ਆਪ ਵੱਸਦਾ ਹੈਂ ਉਹ ਹਨ ਗੁਣਾਂ ਦੇ ਸਮੁੰਦਰ ॥੧॥
55286	1287	ਮਃ ੧॥		Ma 1 ||	First Mehl:	
55287	1287	ਦੁਖੀ ਦੁਨੀ ਸਹੇੜੀਐ ਜਾਇ ਤ ਲਗਹਿ ਦੁਖ॥		Dhukhee Dhunee Sehaerreeai Jaae Th Lagehi Dhukh ||	Worldly possessions are obtained by pain and suffering; when they are gone, they leave pain and suffering.	ਦੁੱਖ ਸਹਿ ਸਹਿ ਕੇ ਧਨ ਇਕੱਠਾ ਕਰੀਦਾ ਹੈ, ਜੇ ਇਹ ਗੁਆਚ ਜਾਏ ਤਾਂ ਭੀ ਦੁੱਖ ਹੀ ਮਾਰਦੇ ਹਨ।

55288	1287	ਨਾਨਕ ਸਚੇ ਨਾਮ ਬਿਨੁ ਕਿਸੈ ਨ ਲਥੀ ਭੁਖ॥		Naanak Sachae Naam Bin Kisai N Lathhee Bhukh ||	O Nanak, without the True Name, hunger is never satisfied.	ਹੇ ਨਾਨਕ! ਪ੍ਰਭੂ ਦੇ ਸੱਚੇ ਨਾਮ ਤੋਂ ਬਿਨਾ ਕਿਸੇ ਦੀ ਤ੍ਰਿਸ਼ਨਾ ਮਿਟਦੀ ਨਹੀਂ।
55289	1287	ਰੂਪੀ ਭੁਖ ਨ ਉਤਰੈ ਜਾਂ ਦੇਖਾਂ ਤਾਂ ਭੁਖ॥	ਰੂਪੀਂ	Roopee Bhukh N Outharai Jaan Dhaekhaan Thaan Bhukh ||	Beauty does not satisfy hunger; when the man sees beauty, he hungers even more.	'ਰੂਪ' ਵੇਖਣ ਨਾਲ (ਰੂਪ ਵੇਖਣ ਦੀ) ਤ੍ਰਿਸ਼ਨਾ ਜਾਂਦੀ ਨਹੀਂ (ਸਗੋਂ) ਜਿਉਂ ਜਿਉਂ ਵੇਖੀਏ, ਤਿਉਂ ਤਿਉਂ ਹੋਰ ਤ੍ਰਿਸ਼ਨਾ (ਵਧਦੀ ਹੈ)।
55290	1287	ਜੇਤੇ ਰਸ ਸਰੀਰ ਕੇ ਤੇਤੇ ਲਗਹਿ ਦੁਖ॥੨॥		Jaethae Ras Sareer Kae Thaethae Lagehi Dhukh ||2||	As many as are the pleasures of the body, so many are the pains which afflict it. ||2||	ਜਿਸਮ ਦੇ ਜਿਤਨੇ ਭੀ ਵਧੀਕ ਚਸਕੇ ਹਨ, ਉਤਨੇ ਹੀ ਵਧੀਕ ਇਸ ਨੂੰ ਦੁੱਖ ਵਿਆਪਦੇ ਹਨ ॥੨॥
55291	1287	ਮਃ ੧॥		Ma 1 ||	First Mehl:	
55292	1287	ਅੰਧੀ ਕੰਮੀ ਅੰਧੁ ਮਨੁ ਮਨਿ ਅੰਧੈ ਤਨੁ ਅੰਧੁ॥		Andhhee Kanmee Andhh Man Man Andhhai Than Andhh ||	Acting blindly, the mind becomes blind. The blind mind makes the body blind.	ਜਿਉਂ ਜਿਉਂ ਵਿਚਾਰ-ਹੀਣ ਹੋ ਕੇ ਮੰਦੇ ਕੰਮ ਕੀਤੇ ਜਾਣ, ਤਿਉਂ ਤਿਉਂ ਮਨ ਅੰਨ੍ਹਾ (ਭਾਵ, ਵਿਚਾਰੋਂ ਸੱਖਣਾ) ਹੁੰਦਾ ਜਾਂਦਾ ਹੈ; ਤੇ ਮਨ ਵਿਚਾਰ-ਹੀਣ ਹੋਇਆ ਗਿਆਨ-ਇੰਦ੍ਰੇ ਭੀ ਅੰਨ੍ਹੇ ਹੋ ਜਾਂਦੇ ਹਨ (ਭਾਵ, ਅੱਖਾਂ ਕੰਨ ਆਦਿਕ ਭੀ ਮੰਦੇ ਪਾਸੇ ਲੈ ਤੁਰਦੇ ਹਨ)।

55293	1287	ਚਿਕੜਿ ਲਾਇਐ ਕਿਆ ਥੀਐ ਜਾਂ ਤੁਟੈ ਪਥਰ ਬੰਧੁ॥	ਚਿੱਕੜਿ	Chikarr Laaeiai Kiaa Thheeai Jaan Thuttai Pathhar Bandhh ||	Why make a dam with mud and plaster? Even a dam made of stones gives way.	ਸੋ, ਜਦੋਂ ਪੱਥਰਾਂ ਦਾ ਬੰਨ੍ਹ (ਭਾਵ, ਪ੍ਰਭੂ-ਨਾਮ ਦੇ ਵਿਚਾਰ ਦਾ ਪੱਕਾ ਆਸਰਾ) ਟੁੱਟ ਜਾਂਦਾ ਹੈ ਤਾਂ ਚਿੱਕੜ ਲਾਇਆਂ ਕੁਝ ਨਹੀਂ ਬਣਦਾ (ਭਾਵ, ਹੋਰ ਹੋਰ ਆਸਰੇ ਢੂੰਢਿਆਂ)।
55294	1287	ਬੰਧੁ ਤੁਟਾ ਬੇੜੀ ਨਹੀ ਨਾ ਤੁਲਹਾ ਨਾ ਹਾਥ॥		Bandhh Thuttaa Baerree Nehee Naa Thulehaa Naa Haathh ||	The dam has burst. There is no boat. There is no raft. The water's depth is unfathomable.	(ਜਦੋਂ) ਬੰਨ੍ਹ ਟੁੱਟ ਗਿਆ, ਨਾਹ ਬੇੜੀ ਰਹੀ, ਨਾਹ ਤੁਲਹਾ ਰਿਹਾ, ਨਾਹ (ਪਾਣੀ ਦੀ) ਹਾਥ ਪੈ ਸਕੀ।
55295	1287	ਨਾਨਕ ਸਚੇ ਨਾਮ ਵਿਣੁ ਕੇਤੇ ਡੁਬੇ ਸਾਥ॥੩॥		Naanak Sachae Naam Vin Kaethae Ddubae Saathh ||3||	O Nanak, without the True Name, many multitudes have drowned. ||3||	(ਭਾਵ, ਪਾਣੀ ਭੀ ਬਹੁਤ ਡੂੰਘਾ ਹੋਇਆ), (ਅਜੇਹੀ ਹਾਲਤ ਵਿਚ) ਹੇ ਨਾਨਕ! ਪ੍ਰਭੂ ਦੇ ਸੱਚੇ ਨਾਮ (-ਰੂਪ ਬੰਨ੍ਹ ਬੇੜੀ ਤੁਲਹੇ) ਤੋਂ ਬਿਨਾ ਕਈ ਪੂਰਾਂ ਦੇ ਪੂਰ ਡੁੱਬਦੇ ਹਨ ॥੩॥
55296	1287	ਮਃ ੧॥		Ma 1 ||	First Mehl:	
55297	1287	ਲਖ ਮਣ ਸੁਇਨਾ ਲਖ ਮਣ ਰੁਪਾ ਲਖ ਸਾਹਾ ਸਿਰਿ ਸਾਹ॥		Lakh Man Sueinaa Lakh Man Rupaa Lakh Saahaa Sir Saah ||	Thousands of pounds of gold, and thousands of pounds of silver; the king over the heads of thousands of kings.	ਲੱਖਾਂ ਮਣਾਂ ਸੋਨਾ ਹੋਵੇ ਤੇ ਲੱਖਾਂ ਮਣਾਂ ਚਾਂਦੀ-ਅਜੇਹੇ ਲੱਖਾਂ ਧਨੀਆਂ ਨਾਲੋਂ ਭੀ ਜੇ ਵੱਡੇ ਧਨੀ ਹੋਣ,

55298	1287	ਲਖ ਲਸਕਰ ਲਖ ਵਾਜੇ ਨੇਜੇ ਲਖੀ ਘੋੜੀ ਪਾਤਿਸਾਹ॥	ਲੱਖੀਂ। ਘੋੜੀਂ	Lakh Lasakar Lakh Vaajae Naejae Lakhee Ghorree Paathisaah ||	Thousands of armies, thousands of marching bands and spearmen; the emperor of thousands of horsemen.	ਲੱਖਾਂ ਸਿਪਾਹੀਆਂ ਦੀਆਂ ਫ਼ੌਜਾਂ ਹੋਣ ਲੱਖਾਂ ਵਾਜੇ ਵੱਜਦੇ ਹੋਣ, ਨੇਜ਼ੇ-ਬਰਦਾਰ ਲੱਖਾਂ ਫ਼ੌਜੀ ਰਸਾਲਿਆਂ ਦੇ ਮਾਲਕ ਬਾਦਸ਼ਾਹ ਹੋਣ;
55299	1287	ਜਿਥੈ ਸਾਇਰੁ ਲੰਘਣਾ ਅਗਨਿ ਪਾਣੀ ਅਸਗਾਹ॥		Jithhai Saaeir Langhanaa Agan Paanee Asagaah ||	The unfathomable ocean of fire and water must be crossed.	ਪਰ, ਜਿੱਥੇ (ਵਿਕਾਰਾਂ ਦੀ) ਅੱਗ ਤੇ ਪਾਣੀ ਦਾ ਅਥਾਹ ਸਮੁੰਦਰ ਲੰਘਣਾ ਪੈਂਦਾ ਹੈ,
55300	1287	ਕੰਧੀ ਦਿਸਿ ਨ ਆਵਈ ਧਾਹੀ ਪਵੈ ਕਹਾਹ॥		Kandhhee Dhis N Aavee Dhhaahee Pavai Kehaah ||	The other shore cannot be seen; only the roar of pitiful cries can be heard.	(ਇਸ ਸਮੁੰਦਰ ਦਾ) ਕੰਢਾ ਭੀ ਨਹੀਂ ਦਿੱਸਦਾ, ਹਾਏ ਹਾਏ ਦਾ ਕੁਰਲਾਟ ਭੀ ਪੈ ਰਿਹਾ ਹੈ,
55301	1287	ਨਾਨਕ ਓਥੈ ਜਾਣੀਅਹਿ ਸਾਹ ਕੇਈ ਪਾਤਿਸਾਹ॥੪॥	ਜਾਣੀ-ਅਹਿ	Naanak Outhhai Jaaneeahi Saah Kaeee Paathisaah ||4||	O Nanak, there, it shall be known, whether anyone is a king or an emperor. ||4||	ਓਥੇ, ਹੇ ਨਾਨਕ! ਪਰਖੇ ਜਾਂਦੇ ਹਨ ਕਿ ਕੌਣ ਧਨੀ ਹਨ ਤੇ ਕੌਣ ਬਾਦਸ਼ਾਹ (ਭਾਵ, ਦੁਨੀਆ ਦਾ ਧਨ ਤੇ ਬਾਦਸ਼ਾਹੀ ਵਿਕਾਰਾਂ ਦੀ ਅੱਗ ਵਿਚ ਸੜਨੋਂ ਤੇ ਵਿਕਾਰਾਂ ਦੀਆਂ ਲਹਿਰਾਂ ਵਿਚ ਡੁੱਬਣੋਂ ਬਚਾ ਨਹੀਂ ਸਕਦੇ; ਧਨ ਤੇ ਬਾਦਸ਼ਾਹੀ ਹੁੰਦਿਆਂ ਭੀ 'ਹਾਏ ਹਾਏ' ਨਹੀਂ ਮਿਟਦੀ) ॥੪॥
55302	1287	ਪਉੜੀ॥		Pourree ||	Pauree:	

55303	1287	ਇਕਨਾ ਗਲੀਂ ਜੰਜੀਰ ਬੰਦਿ ਰਬਾਣੀਐ॥	(ਰਬਾਣੀਐ) ਰੱਬ ਜੀ ਦੀ ਜੇਲ਼ ਚ , (ਬੰਦਿ) ਹੁੰਦੇ ਹਨ। ਗਲ਼ੀਂ	Eikanaa Galeen Janjeer Bandh Rabaaneeai ||	Some have chains around their necks, in bondage to the Lord.	(ਜੋ 'ਬਿਖਿਆ' ਵਿਚ ਲੱਗੇ ਰਹੇ) ਉਹਨਾਂ ਦੇ ਗਲਾਂ ਵਿਚ (ਮਾਇਆ ਦੇ ਮੋਹ ਦੇ ਬੰਧਨ-ਰੂਪ) ਜ਼ੰਜੀਰ ਪਏ ਹੋਏ ਹਨ, ਉਹ, (ਮਾਨੋ,) ਰੱਬ ਦੇ ਬੰਦੀਖ਼ਾਨੇ ਵਿਚ (ਕੈਦ) ਹਨ;
55304	1287	ਬਧੇ ਛੁਟਹਿ ਸਚਿ ਸਚੁ ਪਛਾਣੀਐ॥		Badhhae Shhuttehi Sach Sach Pashhaaneeai ||	They are released from bondage, realizing the True Lord as True.	ਜੇ ਸੱਚੇ ਪ੍ਰਭੂ ਦੀ ਪਛਾਣ ਆ ਜਾਏ (ਜੇ ਸਦਾ-ਥਿਰ ਪ੍ਰਭੂ ਨਾਲ ਡੂੰਘੀ ਸਾਂਝ ਬਣ ਜਾਏ) ਤਾਂ ਸਦਾ-ਥਿਰ ਹਰਿ-ਨਾਮ ਦੀ ਰਾਹੀਂ ਹੀ (ਇਹਨਾਂ ਜ਼ੰਜੀਰਾਂ ਵਿਚ) ਬੱਝੇ ਹੋਏ ਛੁੱਟ ਸਕਦੇ ਹਨ।
55305	1288	ਲਿਖਿਆ ਪਲੈ ਪਾਇ ਸੋ ਸਚੁ ਜਾਣੀਐ॥		Likhiaa Palai Paae So Sach Jaaneeai ||	One whose pre-ordained destiny is activated, comes to know the True Lord.	ਤਾਂ ਤੇ ਉਸ ਸੱਚੇ ਪ੍ਰਭੂ ਨਾਲ ਸਾਂਝ ਬਣਾਈਏ, ਤਦੋਂ ਹੀ (ਨਾਮ-ਸਿਮਰਨ-ਰੂਪ) ਲਿਖਿਆ ਹੋਇਆ (ਲੇਖ) ਮਿਲਦਾ ਹੈ।
55306	1288	ਹੁਕਮੀ ਹੋਇ ਨਿਬੇੜੁ ਗਇਆ ਜਾਣੀਐ॥		Hukamee Hoe Nibaerr Gaeiaa Jaaneeai ||	By God's Command, it is ordained. When the mortal goes, he knows.	ਇਹ ਸਾਰਾ ਨਿਰਨਾ ਪ੍ਰਭੂ ਦੇ ਹੁਕਮ ਵਿਚ ਹੀ ਹੁੰਦਾ ਹੈ, ਤੇ ਇਸ ਦੀ ਸਮਝ (ਇਥੋਂ ਜਗਤ ਤੋਂ) ਤੁਰਿਆਂ ਹੀ ਪੈਂਦੀ ਹੈ।
55307	1288	ਭਉਜਲ ਤਾਰਣਹਾਰੁ ਸਬਦਿ ਪਛਾਣੀਐ॥		Bhoujal Thaaranehaar Sabadh Pashhaaneeai ||	Realize the Word of the Shabad, and cross over the terrifying world-ocean.	(ਸੋ,) ਗੁਰੂ ਦੇ ਸ਼ਬਦ ਦੀ ਰਾਹੀਂ ਉਸ ਪ੍ਰਭੂ ਨਾਲ ਡੂੰਘੀ ਸਾਂਝ ਪਾਣੀ ਚਾਹੀਦੀ ਹੈ ਜੋ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੇ ਸਮਰਥ ਹੈ।

55308	1288	ਚੋਰ ਜਾਰ ਜੂਆਰ ਪੀੜੇ ਘਾਣੀਐ॥		Chor Jaar Jooaar Peerrae Ghaaneeai ||	Thieves, adulterers and gamblers are pressed like seeds in the mill.	ਚੋਰਾਂ ਵਿਭਚਾਰੀਆਂ ਤੇ ਜੂਏ-ਬਾਜ਼ (ਆਦਿਕ ਵਿਕਾਰੀਆਂ ਦਾ ਇਉਂ ਹਾਲ ਹੁੰਦਾ ਹੈ ਜਿਵੇਂ) ਕੋਲ੍ਹੂ ਵਿਚ ਪੀੜੇ ਜਾ ਰਹੇ ਹਨ;
55309	1288	ਨਿੰਦਕ ਲਾਇਤਬਾਰ ਮਿਲੇ ਹੜ ਵਾਣੀਐ॥	ਚੰਡਾਲ ਦੀ (ਵਾਣੀਐ) ਬੈਂਤ, ਪਾਣੀ। (ਦੂਜਾ ਪਾਠ: ਹੜ੍ਵਾਣੀਐ)	Nindhak Laaeithabaar Milae Harrhavaaneeai ||	Slanderers and gossipers are hand-cuffed.	ਨਿੰਦਕਾਂ ਤੇ ਚੁਗ਼ਲਖ਼ੋਰਾਂ ਨੂੰ (ਮਾਨੋ, ਨਿੰਦਾ ਤੇ ਚੁਗ਼ਲੀ ਦੀ) ਹਥਕੜੀ ਵੱਜੀ ਹੋਈ ਹੈ (ਭਾਵ, ਇਸ ਭੈੜੀ ਵਾਦੀ ਵਿਚੋਂ ਉਹ ਆਪਣੇ ਆਪ ਨੂੰ ਕੱਢ ਨਹੀਂ ਸਕਦੇ)।
55310	1288	ਗੁਰਮੁਖਿ ਸਚਿ ਸਮਾਇ ਸੁ ਦਰਗਹ ਜਾਣੀਐ॥੨੧॥		Guramukh Sach Samaae S Dharageh Jaaneeai ||21||	The Gurmukh is absorbed in the True Lord, and is famous in the Court of the Lord. ||21||	ਪਰ ਜੋ ਮਨੁੱਖ ਗੁਰੂ ਦੇ ਸਨਮੁਖ ਹਨ ਉਹ ਪ੍ਰਭੂ ਵਿਚ ਲੀਨ ਹੋ ਕੇ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਪਾਂਦੇ ਹਨ ॥੨੧॥
55311	1288	ਸਲੋਕ ਮਃ ੨॥		Salok Ma 2 ||	Shalok, Second Mehl:	
55312	1288	ਨਾਉ ਫਕੀਰੈ ਪਾਤਿਸਾਹੁ ਮੂਰਖ ਪੰਡਿਤੁ ਨਾਉ॥		Naao Fakeerai Paathisaahu Moorakh Panddith Naao ||	The beggar is known as an emperor, and the fool is known as a religious scholar.	ਕੰਗਾਲ ਦਾ ਨਾਮ ਬਾਦਸ਼ਾਹ (ਰੱਖਿਆ ਜਾਂਦਾ ਹੈ), ਮੂਰਖ ਦਾ ਪੰਡਿਤ ਨਾਮ (ਪਾਇਆ ਜਾਂਦਾ ਹੈ),
55313	1288	ਅੰਧੇ ਕਾ ਨਾਉ ਪਾਰਖੂ ਏਵੈ ਕਰੇ ਗੁਆਉ॥	(ਗੁਆਉ) ਬਚਨ	Andhhae Kaa Naao Paarakhoo Eaevai Karae Guaao ||	The blind man is known as a seer; this is how people talk.	ਅੰਨ੍ਹੇ ਨੂੰ ਪਾਰਖੂ (ਆਖਿਆ ਜਾਂਦਾ ਹੈ)-(ਬੱਸ! ਜਗਤ) ਇਸ ਤਰ੍ਹਾਂ ਦੀਆਂ (ਉਲਟੀਆਂ) ਗੱਲਾਂ ਕਰਦਾ ਹੈ।

55314	1288	ਇਲਤਿ ਕਾ ਨਾਉ ਚਉਧਰੀ ਕੂੜੀ ਪੂਰੇ ਥਾਉ॥		Eilath Kaa Naao Choudhharee Koorree Poorae Thhaao ||	The trouble-maker is called a leader, and the liar is seated with honor.	ਸ਼ਰਾਰਤਿ (ਕਰਨ ਵਾਲੇ) ਦਾ ਨਾਮ ਚੌਧਰੀ (ਪੈ ਜਾਂਦਾ ਹੈ) ਤੇ ਝੂਠੀ ਜ਼ਨਾਨੀ ਸਭ ਤੋਂ ਅੱਗੇ ਥਾਂ ਮੱਲਦੀ ਹੈ (ਭਾਵ, ਹਰ ਥਾਂ ਪ੍ਰਧਾਨ ਬਣਦੀ ਹੈ)।
55315	1288	ਨਾਨਕ ਗੁਰਮੁਖਿ ਜਾਣੀਐ ਕਲਿ ਕਾ ਏਹੁ ਨਿਆਉ॥੧॥		Naanak Guramukh Jaaneeai Kal Kaa Eaehu Niaao ||1||	O Nanak, the Gurmukhs know that this is justice in the Dark Age of Kali Yuga. ||1||	ਹੇ ਨਾਨਕ! ਇਹ ਹੈ ਨਿਆਂ ਕਲਿਜੁਗ ਦਾ (ਭਾਵ, ਜਿੱਥੇ ਇਹ ਰਵਈਆ ਵਰਤੀਂਦਾ ਹੈ ਓਥੇ ਕਲਿਜੁਗ ਦਾ ਪਹਰਾ ਜਾਣੋ)। ਪਰ, ਗੁਰੂ ਦੇ ਸਨਮੁਖ ਹੋਇਆਂ ਹੀ ਇਹ ਸਮਝ ਪੈਂਦੀ ਹੈ (ਕਿ ਇਹ ਵਤੀਰਾ ਮਾੜਾ ਹੈ। ਮਨ ਦੇ ਪਿੱਛੇ ਤੁਰਨ ਵਾਲੇ ਲੋਕ ਇਸ ਰਵਈਏ ਦੇ ਆਦੀ ਹੋਏ ਰਹਿੰਦੇ ਹਨ) ॥੧॥
55316	1288	ਮਃ ੧॥		Ma 1 ||	First Mehl:	
55317	1288	ਹਰਣਾਂ ਬਾਜਾਂ ਤੈ ਸਿਕਦਾਰਾਂ ਏਨ੍ਹਾ ਪੜ੍ਹਿਆ ਨਾਉ॥		Haranaan Baajaan Thai Sikadhaaraan Eaenhaa Parrihaaa Naao ||	Deer, falcons and government officials are known to be trained and clever.	ਹਰਨ, ਬਾਜ਼ ਤੇ ਅਹਲਕਾਰ- ਇਹਨਾਂ ਦਾ ਨਾਮ ਲੋਕ "ਪੜ੍ਹੇ ਹੋਏ" ਰੱਖਦੇ ਹਨ,
55318	1288	ਫਾਂਧੀ ਲਗੀ ਜਾਤਿ ਫਹਾਇਨਿ ਅਗੈ ਨਾਹੀ ਥਾਉ॥		Faandhhee Lagee Jaath Fehaaein Agai Naahee Thhaao ||	When the trap is set, they trap their own kind; hereafter they will find no place of rest.	(ਪਰ ਇਹ ਵਿੱਦਿਆ ਕਾਹਦੀ ਹੈ? ਇਹ ਤਾਂ) ਫਾਹੀ ਲੱਗੀ ਹੋਈ ਹੈ ਜਿਸ ਵਿਚ ਆਪਣੇ ਹੀ ਜਾਤਿ-ਭਰਾਵਾਂ ਨੂੰ ਫਸਾਂਦੇ ਹਨ; ਪ੍ਰਭੂ ਦੀ ਹਜ਼ੂਰੀ ਵਿਚ ਐਸੇ ਪੜ੍ਹੇ ਹੋਏ ਕਬੂਲ ਨਹੀਂ ਹਨ।

55319	1288	ਸੋ ਪੜਿਆ ਸੋ ਪੰਡਿਤੁ ਬੀਨਾ ਜਿਨ੍ਹੀ ਕਮਾਣਾ ਨਾਉ॥		So Parriaa So Panddith Beenaa Jinhee Kamaanaa Naao ||	He alone is learned and wise, and he alone is a scholar, who practices the Name.	ਜਿਸ ਜਿਸ ਨੇ 'ਨਾਮ' ਦੀ ਕਮਾਈ ਕੀਤੀ ਹੈ ਉਹੀ ਵਿਦਵਾਨ ਹੈ ਪੰਡਿਤ ਹੈ ਤੇ ਸਿਆਣਾ ਹੈ,
55320	1288	ਪਹਿਲੋਦੇ ਜੜ ਅੰਦਰਿ ਜੰਮੈ ਤਾ ਉਪਰਿ ਹੋਵੈ ਛਾਂਉ॥		Pehilo Dhae Jarr Andhar Janmai Thaa Oupar Hovai Shhaano ||	First, the tree puts down its roots, and then it spreads out its shade above.	(ਕਿਉਂਕਿ ਰੁੱਖ ਦੀ) ਜੜ੍ਹ ਸਭ ਤੋਂ ਪਹਿਲਾਂ (ਜ਼ਮੀਨ ਦੇ) ਅੰਦਰ ਜੰਮਦੀ ਹੈ ਤਾਂ ਹੀ (ਰੁੱਖ ਉੱਗ ਕੇ) ਬਾਹਰ ਛਾਂ ਬਣਦੀ ਹੈ (ਸੋ, ਸੁਖਦਾਤੀ ਵਿੱਦਿਆ ਉਹੀ ਹੈ ਜੇ ਪਹਿਲਾਂ ਮਨੁੱਖ ਆਪਣੇ ਮਨ ਵਿਚ 'ਨਾਮ' ਬੀਜੇ)।
55321	1288	ਰਾਜੇ ਸੀਹ ਮੁਕਦਮ ਕੁਤੇ॥	ਨਿਆਂ ਕਰਨ ਵਾਲੇ (ਮੁ-ਕੱਦਮ) ਚੌਧਰੀ, ਨਿਰਦੋਸ਼ਾਂ ਨੂੰ ਰਾਜੇ ਪਾਸ ਪਕੜਾਉਣ ਵਾਲੇ ਕੁੱਤੇ ਹਨ।	Raajae Seeh Mukadham Kuthae ||	The kings are tigers, and their officials are dogs;	('ਨਾਮ' ਤੋਂ ਸੱਖਣੀ ਵਿੱਦਿਆ ਦਾ ਹਾਲ ਤੱਕੋ), ਰਾਜੇ (ਮਾਨੋ) ਸ਼ੇਰ ਹਨ (ਉਹਨਾਂ ਦੇ, ਪੜ੍ਹੇ ਹੋਏ) ਅਹਲਕਾਰ (ਮਾਨੋ) ਕੁੱਤੇ ਹਨ,
55322	1288	ਜਾਇ ਜਗਾਇਨਿ ਬੈਠੇ ਸੁਤੇ॥		Jaae Jagaaeinih Baithae Suthae ||	They go out and awaken the sleeping people to harass them.	ਬੈਠੇ-ਸੁੱਤੇ ਬੰਦਿਆਂ ਨੂੰ (ਭਾਵ, ਵੇਲੇ ਕੁਵੇਲੇ) ਜਾ ਜਗਾਂਦੇ ਹਨ (ਭਾਵ, ਤੰਗ ਕਰਦੇ ਹਨ)।
55323	1288	ਚਾਕਰ ਨਹਦਾ ਪਾਇਨਿ ਘਾਉ॥	(ਨਹ-ਦਾ) ਨਹੁੰਦ੍ਰਾਂ	Chaakar Nehadhaa Paaeinih Ghaao ||	The public servants inflict wounds with their nails.	ਇਹ ਅਹਲਕਾਰ (ਮਾਨੋ ਸ਼ੇਰਾਂ ਦੀਆਂ) ਨਹੁੰਦ੍ਰਾਂ ਹਨ, ਜੋ (ਲੋਕਾਂ ਦਾ) ਘਾਤ ਕਰਦੀਆਂ ਹਨ,

55324	1288	ਰਤੁ ਪਿਤੁ ਕੁਤਿਹੋ ਚਟਿ ਜਾਹੁ॥	ਰੱਤੁ। ਪਿੱਤ। ਚੱਟਿ	Rath Pith Kuthiho Chatt Jaahu ||	The dogs lick up the blood that is spilled.	(ਰਾਜੇ-ਸ਼ੀਹ ਇਹਨਾਂ ਮੁਕੱਦਮ) ਕੁੱਤਿਆਂ ਦੀ ਰਾਹੀਂ (ਲੋਕਾਂ ਦਾ) ਲਹੂ ਪੀਂਦੇ ਹਨ।
55325	1288	ਜਿਥੈ ਜੀਆਂ ਹੋਸੀ ਸਾਰ॥		Jithhai Jeeaaan Hosee Saar ||	But there, in the Court of the Lord, all beings will be judged.	ਪਰ ਜਿੱਥੇ ਜੀਵਾਂ ਦੀ (ਕਰਣੀ ਦੀ) ਪਰਖ ਹੁੰਦੀ ਹੈ,
55326	1288	ਨਕੀ ਵਢੀ ਲਾਇਤਬਾਰ॥੨॥		Nakanaee Vadtanaee Laaeithabaar ||2||	Those who have violated the people's trust will be disgraced; their noses will be cut off. ||2||	ਓਥੇ ਅਜੇਹੇ (ਪੜ੍ਹੇ ਹੋਏ ਬੰਦੇ) ਬੇ-ਇਤਬਾਰੇ ਨੱਕ-ਵੱਢੇ (ਸਮਝੇ ਜਾਂਦੇ ਹਨ) ॥੨॥
55327	1288	ਪਉੜੀ॥		Pourree ||	Pauree:	
55328	1288	ਆਪਿ ਉਪਾਏ ਮੇਦਨੀ ਆਪੇ ਕਰਦਾ ਸਾਰ॥		Aap Oupaaeae Maedhanee Aapae Karadhaa Saar ||	He Himself creates the world, and He himself takes care of it.	(ਜੋ ਪ੍ਰਭੂ) ਆਪ ਜਗਤ ਪੈਦਾ ਕਰਦਾ ਹੈ ਤੇ ਆਪ ਹੀ ਇਸ ਦੀ ਸੰਭਾਲ ਕਰਦਾ ਹੈ,
55329	1288	ਭੈ ਬਿਨੁ ਭਰਮੁ ਨ ਕਟੀਐ ਨਾਮਿ ਨ ਲਗੈ ਪਿਆਰੁ॥		Bhai Bin Bharam N Katteeai Naam N Lagai Piaar ||	Without the Fear of God, doubt is not dispelled, and love for the Name is not embraced.	(ਉਸ ਦਾ ਡਰ ਰੱਖਣ ਤੋਂ ਬਿਨਾ (ਮਾਇਆ ਪਿੱਛੇ) ਭਟਕਣ (-ਰੂਪ ਬੰਧਨ) ਕੱਟਿਆ ਨਹੀਂ ਜਾਂਦਾ, ਨਾਹ ਹੀ ਉਸ ਦੇ ਨਾਮ ਵਿਚ ਪਿਆਰ ਬਣਦਾ ਹੈ।
55330	1288	ਸਤਿਗੁਰ ਤੇ ਭਉ ਊਪਜੈ ਪਾਈਐ ਮੋਖ ਦੁਆਰ॥		Sathigur Thae Bho Oopajai Paaeeai Mokh Dhuaar ||	Through the True Guru, the Fear of God wells up, and the Door of Salvation is found.	ਪ੍ਰਭੂ ਦਾ ਡਰ ਗੁਰੂ ਦੀ ਸਰਣ ਪਿਆਂ ਪੈਦਾ ਹੁੰਦਾ ਹੈ ਤੇ ('ਰਬਾਣੀ ਬੰਦਾ' ਵਿਚੋਂ) ਖ਼ਲਾਸੀ ਦਾ ਰਸਤਾ ਮਿਲਦਾ ਹੈ,

55331	1288	ਭੈ ਤੇ ਸਹਜੁ ਪਾਈਐ ਮਿਲਿ ਜੋਤੀ ਜੋਤਿ ਅਪਾਰ॥		Bhai Thae Sehaj Paaeeai Mil Jothee Joth Apaar ||	Through the Fear of God, intuitive ease is obtained, and one's light merges into the Light of the Infinite.	(ਕਿਉਂਕਿ ਪ੍ਰਭੂ ਦਾ) ਡਰ ਰੱਖਿਆਂ ਬੇਅੰਤ ਪ੍ਰਭੂ ਦੀ ਜੋਤਿ ਵਿਚ ਜੋਤਿ ਮਿਲਿਆਂ ਮਨ ਦੀ ਅਡੋਲਤਾ ਪ੍ਰਾਪਤ ਹੁੰਦੀ ਹੈ।
55332	1288	ਭੈ ਤੇ ਭੈਜਲੁ ਲੰਘੀਐ ਗੁਰਮਤੀ ਵੀਚਾਰੁ॥		Bhai Thae Bhaijal Langheeai Guramathee Veechaar ||	Through the Fear of God, the terrifying world-ocean is crossed over, reflecting on the Guru's Teachings.	ਇਸ ਡਰ ਕਰਕੇ ਹੀ ਗੁਰਮੱਤ ਦੀ ਰਾਹੀਂ (ਉੱਚੀ) ਵੀਚਾਰ ਬਣਦੀ ਹੈ, ਤੇ, ਸੰਸਾਰ-ਸਮੁੰਦਰ ਤੋਂ ਪਾਰ ਲੰਘੀਦਾ ਹੈ,
55333	1288	ਭੈ ਤੇ ਨਿਰਭਉ ਪਾਈਐ ਜਿਸ ਦਾ ਅੰਤੁ ਨ ਪਾਰਾਵਾਰੁ॥		Bhai Thae Nirabho Paaeeai Jis Dhaa Anth N Paaraavaar ||	Through the Fear of God, the Fearless Lord is found; He has no end or limitation.	ਇਸ ਡਰ ਦੀ ਰਾਹੀਂ ਹੀ ਡਰ-ਰਹਿਤ ਪ੍ਰਭੂ ਮਿਲਦਾ ਹੈ ਜਿਸ ਦਾ ਅੰਤ ਨਹੀਂ ਪੈਂਦਾ ਜਿਸ ਦਾ ਪਾਰਲਾ ਉਰਲਾ ਬੰਨਾ ਨਹੀਂ ਲੱਭਦਾ।
55334	1288	ਮਨਮੁਖ ਭੈ ਕੀ ਸਾਰ ਨ ਜਾਣਨੀ ਤ੍ਰਿਸਨਾ ਜਲਤੇ ਕਰਹਿ ਪੁਕਾਰ॥		Manamukh Bhai Kee Saar N Jaananee Thrisanaa Jalathae Karehi Pukaar ||	The self-willed manmukhs do not appreciate the value of the Fear of God. Burning in desire, they weep and wail.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦਿਆਂ ਨੂੰ ਪ੍ਰਭੂ ਦੇ ਡਰ (ਵਿਚ ਰਹਿਣ ਦੀ) ਸਾਰ ਨਹੀਂ ਪੈਂਦੀ (ਸਿੱਟਾ ਇਹ ਨਿਕਲਦਾ ਹੈ ਕਿ ਉਹ ਮਾਇਆ ਦੀ) ਤ੍ਰਿਸ਼ਨਾ (-ਅੱਗ) ਵਿਚ ਸੜਦੇ ਵਿਲਕਦੇ ਹਨ।

55335	1288	ਨਾਨਕ ਨਾਵੈ ਹੀ ਤੇ ਸੁਖੁ ਪਾਇਆ ਗੁਰਮਤੀ ਉਰਿ ਧਾਰ॥੨੨॥		Naanak Naavai Hee Thae Sukh Paaeiaa Guramathee Our Dhhaar ||22||	O Nanak, through the Name, peace is obtained, by enshrining the Guru's Teachings within the heart. ||22||	ਹੇ ਨਾਨਕ! ਪ੍ਰਭੂ ਦੇ 'ਨਾਮ' ਤੋਂ ਹੀ ਸੁਖ ਮਿਲਦਾ ਹੈ ਤੇ (ਇਹ 'ਨਾਮ') ਗੁਰੂ ਦੀ ਮੱਤ ਉਤੇ ਤੁਰਿਆਂ ਹੀ ਹਿਰਦੇ ਵਿਚ ਟਿਕਦਾ ਹੈ ॥੨੨॥
55336	1288	ਸਲੋਕ ਮਃ ੧॥		Salok Ma 1 ||	Shalok, First Mehl:	
55337	1288	ਰੂਪੈ ਕਾਮੈ ਦੋਸਤੀ ਭੁਖੈ ਸਾਦੈ ਗੰਢੁ॥		Roopai Kaamai Dhosathee Bhukhai Saadhai Gandt ||	Beauty and sexual desire are friends; hunger and tasty food are tied together.	ਰੂਪ ਦੀ ਕਾਮ (-ਵਾਸਨਾ) ਨਾਲ ਮਿੱਤ੍ਰਤਾ ਹੈ, ਭੁੱਖ ਦਾ ਸੁਆਦ ਨਾਲ ਸੰਬੰਧ ਹੈ।
55338	1288	ਲਬੈ ਮਾਲੈ ਘੁਲਿ ਮਿਲਿ ਮਿਚਲਿ ਊਂਘੈ ਸਉੜਿ ਪਲੰਘੁ॥	(ਘੁਲਿ) ਰਲਣਾ। (ਮਿਚਲਿ) ਮਿਲਣਾ। ਸੌਣ ਸਮੇਂ ਉੱਪਰ ਲੈਣ ਵਾਲਾ (ਸਉੜਿ) ਬਸਤ੍ਰ। ਲੱਬੈ	Labai Maalai Ghul Mil Michal Oonaghai Sourr Palangh ||	Greed is bound up in its search for wealth, and sleep will use even a tiny space as a bed.	ਲੱਬ ਦੀ ਧਨ ਨਾਲ ਚੰਗੀ ਤਰ੍ਹਾਂ ਮਿਲਵੀਂ ਇਕ-ਮਿਕਤਾ ਹੈ (ਨੀਂਦਰ ਨਾਲ) ਊਂਘ ਰਹੇ ਨੂੰ ਸਉੜੀ ਥਾਂ ਹੀ ਪਲੰਘ ਹੈ।
55339	1288	ਭੰਉਕੈ ਕੋਪੁ ਖੁਆਰੁ ਹੋਇ ਫਕੜੁ ਪਿਟੇ ਅੰਧੁ॥	(ਫੱਕੜੁ) ਖ਼ਰਾਬੀ	Bhanoukai Kop Khuaar Hoe Fakarr Pittae Andhh ||	Anger barks and brings ruin on itself, blindly pursuing useless conflicts.	ਕ੍ਰੋਧ ਬਹੁਤ ਬੋਲਦਾ ਹੈ, (ਕ੍ਰੋਧ ਵਿਚ) ਅੰਨ੍ਹਾ (ਹੋਇਆ ਬੰਦਾ) ਖ਼ੁਆਰ ਹੋ ਕੇ ਬਦ-ਜ਼ਬਾਨੀ ਹੀ ਕਰਦਾ ਹੈ।
55340	1288	ਚੁਪੈ ਚੰਗਾ ਨਾਨਕਾ ਵਿਣੁ ਨਾਵੈ ਮੁਹਿ ਗੰਧੁ॥੧॥		Chupai Changaa Naanakaa Vin Naavai Muhi Gandhh ||1||	It is good to be silent, O Nanak; without the Name, one's mouth spews forth only filth. ||1||	ਹੇ ਨਾਨਕ! ਪ੍ਰਭੂ ਦੇ ਨਾਮ ਤੋਂ ਬਿਨਾ (ਮਨੁੱਖ ਦੇ) ਮੂੰਹ ਵਿਚ (ਬਦ-ਕਲਾਮੀ ਦੀ) ਬੋ ਹੀ ਹੁੰਦੀ ਹੈ (ਬੋਲਣ ਨਾਲੋਂ ਇਸ ਦਾ) ਚੁੱਪ ਰਹਿਣਾ ਚੰਗਾ ਹੈ ॥੧॥

55341	1288	ਮਃ ੧॥		Ma 1 ||	First Mehl:	
55342	1288	ਰਾਜੁ ਮਾਲੁ ਰੂਪੁ ਜਾਤਿ ਜੋਬਨੁ ਪੰਜੇ ਠਗ॥	ਠੱਗ	Raaj Maal Roop Jaath Joban Panjae Thag ||	Royal power, wealth, beauty, social status and youth are the five thieves.	ਰਾਜ, ਧਨ, ਸੁੰਦਰਤਾ, (ਉੱਚੀ) ਜਾਤਿ, ਤੇ ਜੁਆਨੀ-ਇਹ ਪੰਜੇ ਹੀ (ਮਾਨੋ) ਠੱਗ ਹਨ,
55343	1288	ਏਨੀ ਠਗੀਂ ਜਗੁ ਠਗਿਆ ਕਿਨੈ ਨ ਰਖੀ ਲਜ॥	ਲੱਜ	Eaenee Thageen Jag Thagiaa Kinai N Rakhee Laj ||	These thieves have plundered the world; no one's honor has been spared.	ਇਹਨਾਂ ਠੱਗਾਂ ਨੇ ਜਗਤ ਨੂੰ ਠੱਗ ਲਿਆ ਹੈ (ਜੋ ਭੀ ਇਹਨਾਂ ਦੇ ਅੱਡੇ ਚੜ੍ਹਿਆ) ਕਿਸੇ ਨੇ (ਇਹਨਾਂ ਤੋਂ) ਆਪਣੀ ਇੱਜ਼ਤ ਨਹੀਂ ਬਚਾਈ।
55344	1288	ਏਨਾ ਠਗਨਿ ਠਗ ਸੇ ਜਿ ਗੁਰ ਕੀ ਪੈਰੀ ਪਾਹਿ॥		Eaenaa Thaganih Thag Sae J Gur Kee Pairee Paahi ||	But these thieves themselves are robbed, by those who fall at the Guru's Feet.	ਇਹਨਾਂ (ਠੱਗਾਂ) ਨੂੰ ਭੀ ਉਹ ਠੱਗ (ਭਾਵ, ਸਿਆਣੇ ਬੰਦੇ) ਦਾਉ ਲਾ ਜਾਂਦੇ ਹਨ (ਭਾਵ, ਉਹ ਬੰਦੇ ਇਹਨਾਂ ਦੀ ਚਾਲ ਵਿਚ ਨਹੀਂ ਆਉਂਦੇ) ਜੋ ਸਤਿਗੁਰੂ ਦੀ ਸਰਨ ਆਉਂਦੇ ਹਨ।
55345	1288	ਨਾਨਕ ਕਰਮਾ ਬਾਹਰੇ ਹੋਰਿ ਕੇਤੇ ਮੁਠੇ ਜਾਹਿ॥੨॥		Naanak Karamaa Baaharae Hor Kaethae Muthae Jaahi ||2||	O Nanak, the multitudes who do not have good karma are plundered. ||2||	(ਪਰ) ਹੇ ਨਾਨਕ! ਹੋਰ ਬੜੇ ਭਾਗ-ਹੀਣ (ਇਹਨਾਂ ਦੇ ਢਹੇ ਚੜ੍ਹ ਕੇ) ਲੁੱਟੇ ਜਾ ਰਹੇ ਹਨ ॥੨॥
55346	1288	ਪਉੜੀ॥		Pourree ||	Pauree:	

55347	1288	ਪੜਿਆ ਲੇਖੇਦਾਰੁ ਲੇਖਾ ਮੰਗੀਐ ॥		Parriaa Laekhaedhaar Laekhaa Mangeeai ||	The learned and educated are called to account for their actions.	ਜੇ ਮਨੁੱਖ ਵਿਦਵਾਨ ਭੀ ਹੋਵੇ ਤੇ ਚਤੁਰਾਈ ਦੀਆਂ ਗੱਲਾਂ ਭੀ ਕਰਨਾ ਜਾਣਦਾ ਹੋਵੇ ('ਤ੍ਰਿਸ਼ਨਾ' ਬਾਰੇ) ਉਸ ਤੋਂ ਭੀ ਲੇਖਾ ਲਈਦਾ ਹੈ (ਭਾਵ, 'ਤ੍ਰਿਸ਼ਨਾ' ਉਸ ਤੋਂ ਭੀ ਲੇਖਾ ਲੈਂਦੀ ਹੈ, ਨਿਰੀ ਵਿੱਦਿਆ ਤੇ ਚਤੁਰਾਈ 'ਤ੍ਰਿਸ਼ਨਾ' ਤੋਂ ਬਚਾ ਨਹੀਂ ਸਕਦੀ),
55348	1288	ਵਿਣੁ ਨਾਵੈ ਕੂੜਿਆਰੁ ਅਉਖਾ ਤੰਗੀਐ॥		Vin Naavai Koorriaar Aoukhaa Thangeeai ||	Without the Name, they are judged false; they become miserable and suffer hardship.	(ਕਿਉਂਕਿ) ਪ੍ਰਭੂ ਦੇ ਨਾਮ ਤੋਂ ਬਿਨਾ (ਪੜ੍ਹਿਆ ਹੋਇਆ ਭੀ) ਕੂੜ ਦਾ ਹੀ ਵਪਾਰੀ ਹੈ; ਔਖਾ ਹੁੰਦਾ ਹੈ ਔਖਿਆਈ ਹੀ ਪਾਂਦਾ ਹੈ।
55349	1288	ਅਉਘਟ ਰੁਧੇ ਰਾਹ ਗਲੀਆਂ ਰੋਕੀਆਂ॥		Aoughatt Rudhhae Raah Galeeaaan Rokeeaaan ||	Their path becomes treacherous and difficult, and their way is blocked.	ਉਸ ਦੇ (ਜ਼ਿੰਦਗੀ ਦੇ) ਗਲੀਆਂ ਤੇ ਰਸਤੇ (ਤ੍ਰਿਸ਼ਨਾ ਦੀ ਅੱਗ ਨਾਲ) ਰੁਕੇ ਪਏ ਹਨ (ਉਹਨਾਂ ਵਿਚੋਂ ਦੀ ਲੰਘਣਾ) ਔਖਾ ਹੈ।
55350	1288	ਸਚਾ ਵੇਪਰਵਾਹੁ ਸਬਦਿ ਸੰਤੋਖੀਆਂ॥		Sachaa Vaeparavaahu Sabadh Santhokheeaaan ||	Through the Shabad, the Word of the True and Independent Lord God, one becomes content.	ਗੁਰ-ਸ਼ਬਦ ਦੀ ਰਾਹੀਂ ਸੰਤੋਖੀ ਬੰਦਿਆਂ ਨੂੰ ਸਦਾ ਕਾਇਮ ਰਹਿਣ ਵਾਲਾ ਬੇ-ਮੁਥਾਜ ਪਰਮਾਤਮਾ ਮਿਲਦਾ ਹੈ।
55351	1288	ਗਹਿਰ ਗਭੀਰ ਅਥਾਹੁ ਹਾਥ ਨ ਲਭਈ॥	ਲੱ-ਭਈ	Gehir Gabheer Athhaahu Haathh N Labhee ||	The Lord is deep and profound and unfathomable; His depth cannot be measured.	ਪ੍ਰਭੂ (ਮਾਨੋ) ਬੜਾ ਡੂੰਘਾ (ਸਮੁੰਦਰ) ਹੈ, (ਵਿੱਦਿਆ ਚਤੁਰਾਈ ਦੇ ਆਸਰੇ) ਉਸ ਦੀ ਥਾਹ ਨਹੀਂ ਪੈ ਸਕਦੀ।

55352	1288	ਮੁਹੇ ਮੁਹਿ ਚੋਟਾ ਖਾਹੁ ਵਿਣੁ ਗੁਰ ਕੋਇ ਨ ਛੁਟਸੀ॥		Muhae Muhi Chottaa Khaahu Vin Gur Koe N Shhuttasee ||	Without the Guru, the mortals are beaten and punched in the face and the mouth, and no one is released.	(ਸਗੋਂ 'ਪੜ੍ਹਿਆ ਕੂੜਿਆਰੁ' ਵਿੱਦਿਆ ਦੇ ਮਾਣ ਵਿਚ ਰਹਿ ਕੇ ਤ੍ਰਿਸ਼ਨਾ ਦੀਆਂ) ਚੋਟਾਂ ਦਬਾਦਬ ਖਾਂਦਾ ਹੈ; (ਪਿਆ ਪੜ੍ਹਿਆ ਹੋਇਆ ਹੋਵੇ) ਕੋਈ ਮਨੁੱਖ ਗੁਰੂ (ਦੀ ਸਰਨ) ਤੋਂ ਬਿਨਾ (ਤ੍ਰਿਸ਼ਨਾ ਤੋਂ) ਬੱਚ ਨਹੀਂ ਸਕਦਾ।
55353	1288	ਪਤਿ ਸੇਤੀ ਘਰਿ ਜਾਹੁ ਨਾਮੁ ਵਖਾਣੀਐ॥		Path Saethee Ghar Jaahu Naam Vakhaaneeai ||	Chanting the Naam, the Name of the Lord, one returns to his true home with honor.	(ਪਰਮਾਤਮਾ ਦਾ) ਨਾਮ ਸਿਮਰਨਾ ਚਾਹੀਦਾ ਹੈ (ਜੇ ਨਾਮ ਸਿਮਰੀਏ) ਤਾਂ ਬੇਸ਼ਕ ਇੱਜ਼ਤ ਨਾਲ ਪ੍ਰਭੂ ਦੇ ਦਰ ਤੇ ਅੱਪੜੋ।
55354	1288	ਹੁਕਮੀ ਸਾਹ ਗਿਰਾਹ ਦੇਂਦਾ ਜਾਣੀਐ॥੨੩॥		Hukamee Saah Giraah Dhaenadhaa Jaaneeai ||23||	Know that the Lord, by the Hukam of His Command, gives sustenance and the breath of life. ||23||	(ਸਿਮਰਨ ਦੀ ਬਰਕਤਿ ਨਾਲ) ਇਹ ਨਿਸਚਾ ਬਣਦਾ ਹੈ ਕਿ ਪ੍ਰਭੂ ਆਪਣੇ ਹੁਕਮ ਵਿਚ ਜੀਵਾਂ ਨੂੰ ਜੀਵਨ ਤੇ ਰੋਜ਼ੀ ਦੇਂਦਾ ਹੈ ॥੨੩॥
55355	1289	ਸਲੋਕ ਮਃ ੧॥		Salok Ma 1 ||	Shalok, First Mehl:	
55356	1289	ਪਉਣੈ ਪਾਣੀ ਅਗਨੀ ਜੀਉ ਤਿਨ ਕਿਆ ਖੁਸੀਆ ਕਿਆ ਪੀੜ॥		Pounai Paanee Aganee Jeeo Thin Kiaa Khuseeaa Kiaa Peerr ||	Living beings are formed of air, water and fire. They are subject to pleasure and pain.	ਹਵਾ ਪਾਣੀ ਤੇ ਅੱਗ (ਆਦਿਕ ਤੱਤਾਂ ਦਾ ਮੇਲ ਮਿਲਾ ਕੇ ਤੇ ਜੀਵਾਤਮਾ ਪਾ ਕੇ ਪ੍ਰਭੂ ਨੇ) ਜੀਵ ਬਣਾਇਆ, (ਤੱਤ ਸਭ ਜੀਵਾਂ ਦੇ ਇਕੋ ਜਿਹੇ ਹਨ, ਪਰ ਅਚਰਜ ਖੇਡ ਹੈ ਕਿ) ਇਹਨਾਂ ਨੂੰ ਕਈਆਂ ਨੂੰ ਦੁੱਖ ਤੇ ਕਈਆਂ ਨੂੰ ਸੁਖ (ਮਿਲ ਰਹੇ ਹਨ)।

55357	1289	ਧਰਤੀ ਪਾਤਾਲੀ ਆਕਾਸੀ ਇਕਿ ਦਰਿ ਰਹਨਿ ਵਜੀਰ॥		Dhharathee Paathaalee Aakaasee Eik Dhar Rehan Vajeer ||	In this world, in the nether regions of the underworld, and in the Akaashic ethers of the heavens, some remain ministers in the Court of the Lord.	ਕਈ ਧਰਤੀ ਤੇ ਹਨ (ਭਾਵ, ਸਾਧਾਰਨ ਜਿਹੀ ਹਾਲਤ ਵਿਚ ਹਨ) ਕਈ (ਮਾਨੋ) ਪਤਾਲ ਵਿਚ ਪਏ ਹਨ (ਭਾਵ, ਕਈ ਨਿੱਘਰੇ ਹੋਏ ਹਨ) ਕਈ (ਮਾਨੋ) ਅਕਾਸ਼ ਵਿਚ ਹਨ (ਭਾਵ, ਕਈ ਹੁਕਮ ਕਰ ਰਹੇ ਹਨ), ਤੇ ਕਈ (ਰਾਜਿਆਂ ਦੇ) ਦਰਬਾਰ ਵਿਚ ਵਜ਼ੀਰ ਬਣੇ ਹੋਏ ਹਨ।
55358	1289	ਇਕਨਾ ਵਡੀ ਆਰਜਾ ਇਕਿ ਮਰਿ ਹੋਹਿ ਜਹੀਰ॥		Eikanaa Vaddee Aarajaa Eik Mar Hohi Jeheer ||	Some live long lives, while others suffer and die.	ਕਈ ਬੰਦਿਆਂ ਦੀ ਵੱਡੀ ਉਮਰ ਹੈ, ਕਈ (ਘਟ ਉਮਰੇ) ਮਰ ਕੇ ਦੁਖੀ ਹੁੰਦੇ ਹਨ।
55359	1289	ਇਕਿ ਦੇ ਖਾਹਿ ਨਿਖੁਟੈ ਨਾਹੀ ਇਕਿ ਸਦਾ ਫਿਰਹਿ ਫਕੀਰ॥		Eik Dhae Khaahi Nikhuttai Naahee Eik Sadhaa Firehi Fakeer ||	Some give and consume, and still their wealth is not exhausted, while others remain poor forever.	ਕਈ ਬੰਦੇ (ਹੋਰਨਾਂ ਨੂੰ ਭੀ) ਦੇ ਕੇ ਆਪ ਹੀ ਵਰਤਦੇ ਹਨ (ਪਰ ਉਹਨਾਂ ਦਾ ਧਨ) ਮੁੱਕਦਾ ਨਹੀਂ, ਕਈ ਸਦਾ ਕੰਗਾਲ ਫਿਰਦੇ ਹਨ।
55360	1289	ਹੁਕਮੀ ਸਾਜੇ ਹੁਕਮੀ ਢਾਹੇ ਏਕ ਚਸੇ ਮਹਿ ਲਖ॥	ਚਸੇ: ਪੋਲਾ ਬੋਲੋ	Hukamee Saajae Hukamee Dtaahae Eaek Chasae Mehi Lakh ||	In His Will He creates, and in His Will He destroys thousands in an instant.	ਪ੍ਰਭੂ ਆਪਣੇ ਹੁਕਮ ਅਨੁਸਾਰ ਇਕ ਪਲਕ ਵਿਚ ਲੱਖਾਂ ਜੀਵ ਪੈਦਾ ਕਰਦਾ ਹੈ ਲੱਖਾਂ ਨਾਸ ਕਰਦਾ ਹੈ,

55361	1289	ਸਭੁ ਕੋ ਨਥੈ ਨਥਿਆ ਬਖਸੇ ਤੋੜੇ ਨਥ॥	ਨੱਥੈ ਨੱਥਿਆ	Sabh Ko Nathhai Nathhiaa Bakhasae Thorrae Nathh ||	He has harnessed everyone with His harness; when He forgives, he breaks the harness.	ਹਰੇਕ ਜੀਵ (ਆਪਣੇ ਕੀਤੇ ਕਰਮਾਂ ਅਨੁਸਾਰ ਰਜ਼ਾ-ਰੂਪ) ਨੱਥ ਵਿਚ ਜਕੜਿਆ ਪਿਆ ਹੈ। ਜਿਸ ਉਤੇ ਬਖ਼ਸ਼ਸ਼ ਕਰਦਾ ਹੈ ਉਸ ਦੇ ਬੰਧਨ ਤੋੜਦਾ ਹੈ।
55362	1289	ਵਰਨਾ ਚਿਹਨਾ ਬਾਹਰਾ ਲੇਖੇ ਬਾਝੁ ਅਲਖੁ॥		Varanaa Chihanaa Baaharaa Laekhae Baajh Alakh ||	He has no color or features; He is invisible and beyond calculation.	ਪਰ ਪ੍ਰਭੂ ਆਪ ਕਰਮਾਂ ਦੇ ਲੇਖੇ ਤੋਂ ਉਤਾਂਹ ਹੈ, ਉਸ ਦਾ ਕੋਈ ਰੰਗ ਰੂਪ ਨਹੀਂ ਹੈ ਤੇ ਕੋਈ ਚਿਹਨ ਚੱਕ੍ਰ ਨਹੀਂ ਹੈ।
55363	1289	ਕਿਉ ਕਥੀਐ ਕਿਉ ਆਖੀਐ ਜਾਪੈ ਸਚੋ ਸਚੁ॥		Kio Kathheeai Kio Aakheeai Jaapai Sacho Sach ||	How can He be described? He is known as the Truest of the True.	ਉਸ ਦੇ ਸਰੂਪ ਦਾ ਬਿਆਨ ਨਹੀਂ ਕੀਤਾ ਜਾ ਸਕਦਾ; ਉਂਞ ਉਹ ਹਰ ਥਾਂ ਹੋਂਦ ਵਾਲਾ ਦਿੱਸਦਾ ਹੈ।
55364	1289	ਕਰਣਾ ਕਥਨਾ ਕਾਰ ਸਭ ਨਾਨਕ ਆਪਿ ਅਕਥੁ॥	ਅ-ਕਥੁ: ਪੋਲਾ ਬੋਲੋ	Karanaa Kathhanaa Kaar Sabh Naanak Aap Akathh ||	All the actions which are done and described, O Nanak, are done by the Indescribable Lord Himself.	ਹੇ ਨਾਨਕ! ਜੀਵ ਜੋ ਕੁਝ ਕਰ ਰਹੇ ਹਨ ਤੇ ਬੋਲ ਰਹੇ ਹਨ ਉਹ ਸਭ ਪ੍ਰਭੂ ਦੀ ਪਾਈ ਹੋਈ ਕਾਰ ਹੀ ਹੈ, ਤੇ ਉਹ ਆਪ ਐਸਾ ਹੈ ਜਿਸ ਦਾ ਬਿਆਨ ਨਹੀਂ ਹੋ ਸਕਦਾ।
55365	1289	ਅਕਥ ਕੀ ਕਥਾ ਸੁਣੇਇ॥		Akathh Kee Kathhaa Sunaee ||	Whoever hears the description of the indescribable,	ਜਿਹੜਾ ਮਨੁੱਖ ਉਸ ਅਕੱਥ ਪ੍ਰਭੂ ਦੀਆਂ ਗੱਲਾਂ ਸੁਣਦਾ ਹੈ (ਭਾਵ, ਗੁਣ ਗਾਂਦਾ ਹੈ)
55366	1289	ਰਿਧਿ ਬੁਧਿ ਸਿਧਿ ਗਿਆਨੁ ਸਦਾ ਸੁਖੁ ਹੋਇ॥੧॥		Ridhh Budhh Sidhh Giaan Sadhaa Sukh Hoe ||1||	Is blessed with wealth, intelligence, perfection, spiritual wisdom and eternal peace. ||1||	ਉਸ ਨੂੰ ਉੱਚੀ ਸਮਝ ਪ੍ਰਾਪਤ ਹੁੰਦੀ ਹੈ ਉਸ ਨੂੰ ਸੁਖ ਮਿਲਦਾ ਹੈ (ਮਾਨੋ) ਉਸ ਨੂੰ ਰਿੱਧੀਆਂ ਸਿੱਧੀਆਂ ਮਿਲ ਗਈਆਂ ਹਨ ॥੧॥

55367	1289	ਮਃ ੧॥		Ma 1 ||	First Mehl:	
55368	1289	ਅਜਰੁ ਜਰੈ ਤ ਨਉ ਕੁਲ ਬੰਧੁ॥	(ਨਉ) ਨੌ ਗੋਲਕਾਂ। ਅ-ਜਰੁ। ਨਉਂ	Ajar Jarai Th No Kul Bandhh ||	One who bears the unbearable, controls the nine holes of the body.	ਜਦੋਂ ਮਨੁੱਖ ਮਨ ਦੀ ਉਸ ਅਵਸਥਾ ਤੇ ਕਾਬੂ ਪਾ ਲੈਂਦਾ ਹੈ ਜਿਸ ਤੇ ਕਾਬੂ ਪਾਣਾ ਔਖਾ ਹੁੰਦਾ ਹੈ (ਭਾਵ, ਜਦੋਂ ਮਨੁੱਖ ਮਨ ਨੂੰ ਵਿਕਾਰਾਂ ਵਿਚ ਡਿੱਗਣ ਤੋਂ ਰੋਕ ਲੈਂਦਾ ਹੈ), ਤਾਂ ਇਸ ਦੇ ਨੌ ਹੀ (ਕਰਮ ਤੇ ਗਿਆਨ) ਇੰਦ੍ਰੇ ਜਾਇਜ਼ ਹੱਦ ਵਿਚ ਰਹਿੰਦੇ ਹਨ,
55369	1289	ਪੂਜੈ ਪ੍ਰਾਣ ਹੋਵੈ ਥਿਰੁ ਕੰਧੁ॥		Poojai Praan Hovai Thhir Kandhh ||	One who worships and adores the Lord with his breath of life, gains stability in his body-wall.	ਜਦੋਂ ਮਨੁੱਖ ਸੁਆਸ ਸੁਆਸ ਪ੍ਰਭੂ ਨੂੰ ਸਿਮਰਦਾ ਹੈ, ਇਸ ਦਾ ਸਰੀਰ ਵਿਕਾਰਾਂ ਵਲੋਂ ਅਡੋਲ ਹੋ ਜਾਂਦਾ ਹੈ।
55370	1289	ਕਹਾਂ ਤੇ ਆਇਆ ਕਹਾਂ ਏਹੁ ਜਾਣੁ॥		Kehaan Thae Aaeiaa Kehaan Eaehu Jaan ||	Where has he come from, and where will he go?	ਕਿੱਥੋਂ ਆਇਆ ਹੈ ਤੇ ਕਿੱਥੇ ਇਸ ਨੇ ਜਾਣਾ ਹੈ? (ਭਾਵ, ਇਸ ਦਾ 'ਜਨਮ ਮਰਨ ਦਾ ਚੱਕਰ' ਮਿਟ ਜਾਂਦਾ ਹੈ),
55371	1289	ਜੀਵਤ ਮਰਤ ਰਹੈ ਪਰਵਾਣੁ॥		Jeevath Marath Rehai Paravaan ||	Remaining dead while yet alive, he is accepted and approved.	ਜੀਵਤ-ਭਾਵ (ਭਾਵ, ਨਫ਼ਸਾਨੀ ਖ਼ਾਹਸ਼ਾਂ) ਤੋਂ ਮਰ ਕੇ (ਪ੍ਰਭੂ ਦਰ ਤੇ) ਪ੍ਰਵਾਨ ਹੋ ਜਾਂਦਾ ਹੈ।
55372	1289	ਹੁਕਮੈ ਬੂਝੈ ਤਤੁ ਪਛਾਣੈ॥		Hukamai Boojhai Thath Pashhaanai ||	Whoever understands the Hukam of the Lord's Command, realizes the essence of reality.	ਤਦੋਂ ਜੀਵ ਪਰਮਾਤਮਾ ਦੀ ਰਜ਼ਾ ਨੂੰ ਸਮਝ ਲੈਂਦਾ ਹੈ, ਅਸਲੀਅਤ ਨੂੰ ਪਛਾਣ ਲੈਂਦਾ ਹੈ-

55373	1289	ਇਹੁ ਪਰਸਾਦੁ ਗੁਰੂ ਤੇ ਜਾਣੈ॥		Eihu Parasaadh Guroo Thae Jaanai ||	This is known by Guru's Grace.	ਇਹ ਮਿਹਰ ਇਸ ਨੂੰ ਗੁਰੂ ਤੋਂ ਮਿਲਦੀ ਹੈ।
55374	1289	ਹੋਂਦਾ ਫੜੀਅਗੁ ਨਾਨਕ ਜਾਣੁ॥	(ਹੋਂਦਾ) ਹੰਕਾਰ ਵਾਲਾ। (ਫੜੀਅਗੁ) ਫੜਿਆ ਜਾਵੇਗਾ	Honadhaa Farreeag Naanak Jaan ||	O Nanak, know this: egotism leads to bondage.	ਹੇ ਨਾਨਕ! ਇਹ ਸਮਝ ਲੈ ਕਿ ਉਹੀ ਫਸਦਾ ਹੈ ਜੋ ਕਹਿੰਦਾ ਹੈ 'ਮੈਂ ਹਾਂ' 'ਮੈਂ ਹਾਂ',
55375	1289	ਨਾ ਹਉ ਨਾ ਮੈ ਜੂਨੀ ਪਾਣੁ॥੨॥		Naa Ho Naa Mai Joonee Paan ||2||	Only those who have no ego and no self-conceit, are not consigned to reincarnation. ||2||	ਜਿਥੇ 'ਹਉ' ਨਹੀਂ ਜਿਥੇ 'ਮੈਂ' ਨਹੀਂ, ਓਥੇ ਜੂਨੀਆਂ ਵਿਚ ਪੈਣ (ਦਾ ਦੁੱਖ ਭੀ) ਨਹੀਂ ਹੈ ॥੨॥
55376	1289	ਪਉੜੀ॥		Pourree ||	Pauree:	
55377	1289	ਪੜ੍ਹੀਐ ਨਾਮੁ ਸਾਲਾਹ ਹੋਰਿ ਬੁਧੀ ਮਿਥਿਆ॥		Parrheeai Naam Saalaah Hor Budhhanaee Mithhiaa ||	Read the Praise of the Lord's Name; other intellectual pursuits are false.	ਪ੍ਰਭੂ ਦਾ 'ਨਾਮ' ਪੜ੍ਹਨਾ ਚਾਹੀਦਾ ਹੈ, ਸਿਫ਼ਤ-ਸਾਲਾਹ ਪੜ੍ਹਨੀ ਚਾਹੀਦੀ ਹੈ, 'ਨਾਮ' ਤੋਂ ਬਿਨਾ ਹੋਰ ਅਕਲਾਂ ਵਿਅਰਥ ਹਨ;
55378	1289	ਬਿਨੁ ਸਚੇ ਵਾਪਾਰ ਜਨਮੁ ਬਿਰਥਿਆ॥		Bin Sachae Vaapaar Janam Birathhiaa ||	Without dealing in Truth, life is worthless.	('ਨਾਮ' ਹੀ ਸੱਚਾ ਵਪਾਰ ਹੈ, ਇਸ) ਸੱਚੇ ਵਪਾਰ ਤੋਂ ਬਿਨਾ ਜੀਵਨ ਅਜਾਈਂ ਜਾਂਦਾ ਹੈ।
55379	1289	ਅੰਤੁ ਨ ਪਾਰਾਵਾਰੁ ਨ ਕਿਨਹੀ ਪਾਇਆ॥		Anth N Paaraavaar N Kin Hee Paaeiaa ||	No one has ever found the Lord's end or limitation.	(ਇਹਨਾਂ ਹੋਰ ਹੋਰ ਕਿਸਮਾਂ ਦੀਆਂ ਅਕਲਾਂ ਤੇ ਚਤੁਰਾਈਆਂ ਨਾਲ) ਕਦੇ ਕਿਸੇ ਨੇ ਪ੍ਰਭੂ ਦਾ ਅੰਤ ਨਹੀਂ ਪਾਇਆ, ਉਸਦਾ ਪਾਰਲਾ ਉਰਲਾ ਬੰਨਾ ਨਹੀਂ ਲੱਭਾ,

55380	1289	ਸਭੁ ਜਗੁ ਗਰਬਿ ਗੁਬਾਰੁ ਤਿਨ ਸਚੁ ਨ ਭਾਇਆ॥		Sabh Jag Garab Gubaar Thin Sach N Bhaaeiaa ||	All the world is enveloped by the darkness of egotistical pride. It does not like the Truth.	(ਹਾਂ, ਇਹਨਾਂ ਅਕਲਾਂ ਦੇ ਕਾਰਨ) ਸਾਰਾ ਜਗਤ ਅਹੰਕਾਰ ਵਿਚ ਅੰਨ੍ਹਾ ਹੋ ਜਾਂਦਾ ਹੈ, ਇਹਨਾਂ (ਨਾਮ-ਹੀਣ ਵਿਦਵਾਨਾਂ) ਨੂੰ 'ਸਚੁ' (ਭਾਵ, 'ਨਾਮ' ਸਿਮਰਨਾ) ਚੰਗਾ ਨਹੀਂ ਲੱਗਦਾ।
55381	1289	ਚਲੇ ਨਾਮੁ ਵਿਸਾਰਿ ਤਾਵਣਿ ਤਤਿਆ॥	ਤੱਤਿਆ	Chalae Naam Visaar Thaavan Thathiaa ||	Those who depart from this world, forgetting the Naam, shall be roasted in the frying pan.	(ਜਿਉਂ ਜਿਉਂ) ਇਹ ਨਾਮ ਵਿਸਾਰ ਕੇ ਤੁਰਦੇ ਹਨ ('ਹਉਮੈ' ਦੇ ਕਾਰਨ, ਮਾਨੋ,) ਕੜਾਹੇ ਵਿਚ ਤਲੀਦੇ ਹਨ।
55382	1289	ਬਲਦੀ ਅੰਦਰਿ ਤੇਲੁ ਦੁਬਿਧਾ ਘਤਿਆ॥	ਘੱਤਿਆ	Baladhee Andhar Thael Dhubidhhaa Ghathiaa ||	They pour the oil of duality within, and burn.	(ਇਹਨਾਂ ਦੇ ਹਿਰਦੇ ਵਿਚ ਪੈਦਾ ਹੋਈ ਹੋਈ) ਦੁਬਿਧਾ, ਮਾਨੋ, ਬਲਦੀ ਵਿਚ ਤੇਲ ਪਾਇਆ ਜਾਂਦਾ ਹੈ (ਭਾਵ, 'ਦੁਬਿਧਾ' ਦੇ ਕਾਰਨ ਵਿੱਦਿਆ ਤੋਂ ਪੈਦਾ ਹੋਇਆ ਅਹੰਕਾਰ ਹੋਰ ਵਧੀਕ ਦੁਖੀ ਕਰਦਾ ਹੈ)।
55383	1289	ਆਇਆ ਉਠੀ ਖੇਲੁ ਫਿਰੈ ਉਵਤਿਆ॥	ੳ-ਵੱਤਿਆ	Aaeiaa Outhee Khael Firai Ouvathiaa ||	They come into the world and wander around aimlessly; they depart when the play is finished.	(ਅਜੇਹਾ ਬੰਦਾ ਜਗਤ ਵਿਚ) ਆਉਂਦਾ ਹੈ ਤੇ ਮਰ ਜਾਂਦਾ ਹੈ (ਭਾਵ, ਵਿਅਰਥ ਜੀਵਨ ਗੁਜ਼ਾਰ ਜਾਂਦਾ ਹੈ, ਤੇ ਸਾਰੀ ਉਮਰ) ਅਵੈੜਾ ਹੀ ਭੌਂਦਾ ਫਿਰਦਾ ਹੈ।

55384	1289	ਨਾਨਕ ਸਚੈ ਮੇਲੁ ਸਚੈ ਰਤਿਆ॥੨੪॥	ਰੱਤਿਆ	Naanak Sachai Mael Sachai Rathiaa ||24||	O Nanak, imbued with Truth, the mortals merge in Truth. ||24||	ਹੇ ਨਾਨਕ! ਸਦਾ-ਥਿਰ ਰਹਿਣ ਵਾਲੇ ਪ੍ਰਭੂ ਵਿਚ ਉਸ ਬੰਦੇ ਦਾ ਮੇਲ ਹੁੰਦਾ ਹੈ ਜੋ ਉਸ ਸੱਚੇ (ਦੇ ਪਿਆਰ) ਵਿਚ ਰੰਗਿਆ ਹੁੰਦਾ ਹੈ ॥੨੪॥
55385	1289	ਸਲੋਕ ਮਃ ੧॥		Salok Ma 1 ||	Shalok, First Mehl:	
55386	1289	ਪਹਿਲਾਂ ਮਾਸਹੁ ਨਿੰਮਿਆ ਮਾਸੈ ਅੰਦਰਿ ਵਾਸੁ॥		Pehilaan Maasahu Ninmiaa Maasai Andhar Vaas ||	First, the mortal is conceived in the flesh, and then he dwells in the flesh.	ਸਭ ਤੋਂ ਪਹਿਲਾਂ ਮਾਸ (ਭਾਵ, ਪਿਤਾ ਦੇ ਵੀਰਜ) ਤੋਂ ਹੀ (ਜੀਵ ਦੀ ਹਸਤੀ ਦਾ) ਮੁੱਢ ਬੱਝਦਾ ਹੈ, (ਫਿਰ) ਮਾਸ (ਭਾਵ, ਮਾਂ ਦੇ ਪੇਟ) ਵਿਚ ਹੀ ਇਸ ਦਾ ਵਸੇਬਾ ਹੁੰਦਾ ਹੈ;
55387	1289	ਜੀਉ ਪਾਇ ਮਾਸੁ ਮੁਹਿ ਮਿਲਿਆ ਹਡੁ ਚੰਮੁ ਤਨੁ ਮਾਸੁ॥	ਮਾਸ ਦਾ, (ਮੁਹਿ) ਮੂੰਹ। ਮਿਲਿਆ	Jeeo Paae Maas Muhi Miliaa Hadd Chanm Than Maas ||	When he comes alive, his mouth takes flesh; his bones, skin and body are flesh.	ਜਦੋਂ (ਪੁਤਲੇ ਵਿਚ) ਜਾਨ ਪੈਂਦੀ ਹੈ ਤਾਂ ਵੀ (ਜੀਭ-ਰੂਪ) ਮਾਸ ਮੂੰਹ ਵਿਚ ਮਿਲਦਾ ਹੈ (ਇਸ ਦੇ ਸਰੀਰ ਦੀ ਸਾਰੀ ਹੀ ਘਾੜਤ) ਹੱਡ ਚੰਮ ਸਰੀਰ ਸਭ ਕੁਝ ਮਾਸ (ਹੀ ਬਣਦਾ ਹੈ)।
55388	1289	ਮਾਸਹੁ ਬਾਹਰਿ ਕਢਿਆ ਮੰਮਾ ਮਾਸੁ ਗਿਰਾਸੁ॥		Maasahu Baahar Kadtiaa Manmaa Maas Giraas ||	He comes out of the womb of flesh, and takes a mouthful of flesh at the breast.	ਜਦੋਂ (ਮਾਂ ਦੇ ਪੇਟ-ਰੂਪ) ਮਾਸ ਵਿਚੋਂ ਬਾਹਰ ਭੇਜਿਆ ਜਾਂਦਾ ਹੈ ਤਾਂ ਭੀ ਮੰਮਾ (-ਰੂਪ) ਮਾਸ ਖ਼ੁਰਾਕ ਮਿਲਦੀ ਹੈ;

55389	1289	ਮੁਹੁ ਮਾਸੈ ਕਾ ਜੀਭ ਮਾਸੈ ਕੀ ਮਾਸੈ ਅੰਦਰਿ ਸਾਸੁ॥		Muhu Maasai Kaa Jeebh Maasai Kee Maasai Andhar Saas ||	His mouth is flesh, his tongue is flesh; his breath is in the flesh.	ਇਸ ਦਾ ਮੂੰਹ ਭੀ ਮਾਸ ਦਾ ਹੈ ਜੀਭ ਭੀ ਮਾਸ ਦੀ ਹੈ, ਮਾਸ ਵਿਚ ਸਾਹ ਲੈਂਦਾ ਹੈ।
55390	1289	ਵਡਾ ਹੋਆ ਵੀਆਹਿਆ ਘਰਿ ਲੈ ਆਇਆ ਮਾਸੁ॥		Vaddaa Hoaa Veeaahiaa Ghar Lai Aaeiaa Maas ||	He grows up and is married, and brings his wife of flesh into his home.	ਜਦੋਂ ਜੁਆਨ ਹੁੰਦਾ ਹੈ ਤੇ ਵਿਆਹਿਆ ਜਾਂਦਾ ਹੈ ਤਾਂ ਭੀ (ਇਸਤ੍ਰੀ-ਰੂਪ) ਮਾਸ ਹੀ ਘਰ ਲੈ ਆਉਂਦਾ ਹੈ;
55391	1289	ਮਾਸਹੁ ਹੀ ਮਾਸੁ ਊਪਜੈ ਮਾਸਹੁ ਸਭੋ ਸਾਕੁ॥		Maasahu Hee Maas Oopajai Maasahu Sabho Saak ||	Flesh is produced from flesh; all relatives are made of flesh.	(ਫਿਰ) ਮਾਸ ਤੋਂ ਹੀ (ਬੱਚਾ-ਰੂਪ) ਮਾਸ ਜੰਮਦਾ ਹੈ; (ਸੋ, ਜਗਤ ਦਾ ਸਾਰਾ) ਸਾਕ-ਸੰਬੰਧ ਮਾਸ ਤੋਂ ਹੀ ਹੈ।
55392	1289	ਸਤਿਗੁਰਿ ਮਿਲਿਐ ਹੁਕਮੁ ਬੁਝੀਐ ਤਾਂ ਕੋ ਆਵੈ ਰਾਸਿ॥		Sathigur Miliai Hukam Bujheeai Thaan Ko Aavai Raas ||	When the mortal meets the True Guru, and realizes the Hukam of the Lord's Command, then he comes to be reformed.	(ਮਾਸ ਖਾਣ ਜਾਂ ਨਾਹ ਖਾਣ ਦਾ ਨਿਰਨਾ ਸਮਝਣ ਦੇ ਥਾਂ) ਜੇ ਸਤਿਗੁਰੂ ਮਿਲ ਪਏ ਤੇ ਪ੍ਰਭੂ ਦੀ ਰਜ਼ਾ ਸਮਝੀਏ ਤਾਂ ਜੀਵ (ਦਾ ਜਗਤ ਵਿਚ ਆਉਣਾ) ਨੇਪਰੇ ਚੜ੍ਹਦਾ ਹੈ,

55393	1289	ਆਪਿ ਛੁਟੇ ਨਹ ਛੂਟੀਐ ਨਾਨਕ ਬਚਨਿ ਬਿਣਾਸੁ॥੧॥		Aap Shhuttae Neh Shhootteeai Naanak Bachan Binaas ||1||	Releasing himself, the mortal does not find release; O Nanak, through empty words, one is ruined. ||1||	(ਨਹੀਂ ਤਾਂ ਜੀਵ ਨੂੰ ਮਾਸ ਨਾਲ ਜੰਮਣ ਤੋਂ ਲੈ ਕੇ ਮਰਨ ਤਕ ਇਤਨਾ ਡੂੰਘਾ ਵਾਸਤਾ ਪੈਂਦਾ ਹੈ ਕਿ) ਆਪਣੇ ਜ਼ੋਰ ਨਾਲ ਇਸ ਤੋਂ ਬਚਿਆਂ ਖ਼ਲਾਸੀ ਨਹੀਂ ਹੁੰਦੀ; ਤੇ, ਹੇ ਨਾਨਕ! (ਇਸ ਕਿਸਮ ਦੀ) ਚਰਚਾ ਨਾਲ (ਨਿਰੀ) ਹਾਨੀ ਹੀ ਹੁੰਦੀ ਹੈ ॥੧॥
55394	1289	ਮਃ ੧॥		Ma 1 ||	First Mehl:	
55395	1289	ਮਾਸੁ ਮਾਸੁ ਕਰਿ ਮੂਰਖੁ ਝਗੜੇ ਗਿਆਨੁ ਧਿਆਨੁ ਨਹੀ ਜਾਣੈ॥		Maas Maas Kar Moorakh Jhagarrae Giaan Dhhiaan Nehee Jaanai ||	The fools argue about flesh and meat, but they know nothing about meditation and spiritual wisdom.	(ਆਪਣੇ ਵਲੋਂ ਮਾਸ ਦਾ ਤਿਆਗੀ) ਮੂਰਖ (ਪੰਡਿਤ) ਮਾਸ ਮਾਸ ਆਖ ਕੇ ਚਰਚਾ ਕਰਦਾ ਹੈ, ਪਰ ਨਾਹ ਇਸ ਨੂੰ ਆਤਮਕ ਜੀਵਨ ਦੀ ਸਮਝ ਨਾਹ ਇਸ ਨੂੰ ਸੁਰਤ ਹੈ,
55396	1289	ਕਉਣੁ ਮਾਸੁ ਕਉਣੁ ਸਾਗੁ ਕਹਾਵੈ ਕਿਸੁ ਮਹਿ ਪਾਪ ਸਮਾਣੇ॥		Koun Maas Koun Saag Kehaavai Kis Mehi Paap Samaanae ||	What is called meat, and what is called green vegetables? What leads to sin?	(ਨਹੀਂ ਤਾਂ ਇਹ ਗਹੁ ਨਾਲ ਵਿਚਾਰੇ ਕਿ) ਮਾਸ ਤੇ ਸਾਗ ਵਿਚ ਕੀਹ ਫ਼ਰਕ ਹੈ, ਤੇ ਕਿਸ (ਦੇ ਖਾਣ) ਵਿਚ ਪਾਪ ਹੈ।

55397	1289	ਗੈਂਡਾ ਮਾਰਿ ਹੋਮ ਜਗ ਕੀਏ ਦੇਵਤਿਆ ਕੀ ਬਾਣੇ॥		Gainaddaa Maar Hom Jag Keeeae Dhaevathiaa Kee Baanae ||	It was the habit of the gods to kill the rhinoceros, and make a feast of the burnt offering.	(ਪੁਰਾਣੇ ਸਮੇ ਵਿਚ ਭੀ, ਲੋਕ) ਦੇਵਤਿਆਂ ਦੇ ਸੁਭਾਉ ਅਨੁਸਾਰ (ਭਾਵ, ਦੇਵਤਿਆਂ ਨੂੰ ਖ਼ੁਸ਼ ਕਰਨ ਲਈ) ਗੈਂਡਾ ਮਾਰ ਕੇ ਹੋਮ ਤੇ ਜੱਗ ਕਰਦੇ ਸਨ।
55398	1289	ਮਾਸੁ ਛੋਡਿ ਬੈਸਿ ਨਕੁ ਪਕੜਹਿ ਰਾਤੀ ਮਾਣਸ ਖਾਣੇ॥		Maas Shhodd Bais Nak Pakarrehi Raathee Maanas Khaanae ||	Those who renounce meat, and hold their noses when sitting near it, devour men at night.	ਜੋ ਮਨੁੱਖ (ਆਪਣੇ ਵਲੋਂ) ਮਾਸ ਤਿਆਗ ਕੇ (ਜਦ ਕਦੇ ਕਿਤੇ ਮਾਸ ਵੇਖਣ ਤਾਂ) ਬੈਠ ਕੇ ਆਪਣਾ ਨੱਕ ਬੰਦ ਕਰ ਲੈਂਦੇ ਹਨ (ਕਿ ਮਾਸ ਦੀ ਬੋ ਆ ਗਈ ਹੈ) ਉਹ ਰਾਤ ਨੂੰ ਮਨੁੱਖ ਨੂੰ ਖਾਂ ਜਾਂਦੇ ਹਨ (ਭਾਵ, ਲੁਕ ਕੇ ਮਨੁੱਖਾਂ ਦਾ ਲਹੂ ਪੀਣ ਦੇ ਮਨਸੂਬੇ ਬੰਨ੍ਹਦੇ ਹਨ);
55399	1289	ਫੜੁ ਕਰਿ ਲੋਕਾਂ ਨੋ ਦਿਖਲਾਵਹਿ ਗਿਆਨੁ ਧਿਆਨੁ ਨਹੀ ਸੂਝੈ॥		Farr Kar Lokaan No Dhikhalaavehi Giaan Dhhiaan Nehee Soojhai ||	They practice hypocrisy, and make a show before other people, but they do not understand anything about meditation or spiritual wisdom.	(ਮਾਸ ਨਾਹ ਖਾਣ ਦਾ ਇਹ) ਪਖੰਡ ਕਰਕੇ ਲੋਕਾਂ ਨੂੰ ਵਿਖਾਂਦੇ ਹਨ, ਉਂਞ ਇਹਨਾਂ ਨੂੰ ਆਪ ਨਾਹ ਸਮਝ ਹੈ ਨਾਹ ਸੁਰਤ ਹੈ।
55400	1289	ਨਾਨਕ ਅੰਧੇ ਸਿਉ ਕਿਆ ਕਹੀਐ ਕਹੈ ਨ ਕਹਿਆ ਬੂਝੈ॥		Naanak Andhhae Sio Kiaa Keheeai Kehai N Kehiaa Boojhai ||	O Nanak, what can be said to the blind people? They cannot answer, or even understand what is said.	ਪਰ, ਹੇ ਨਾਨਕ! ਕਿਸੇ ਅੰਨ੍ਹੇ ਮਨੁੱਖ ਨੂੰ ਸਮਝਾਣ ਦਾ ਕੋਈ ਲਾਭ ਨਹੀਂ, (ਜੇ ਕੋਈ ਇਸ ਨੂੰ) ਸਮਝਾਵੇ (ਭੀ), ਤਾਂ ਭੀ ਇਹ ਸਮਝਾਇਆ ਸਮਝਦਾ ਨਹੀਂ ਹੈ।

55401	1289	ਅੰਧਾ ਸੋਇ ਜਿ ਅੰਧੁ ਕਮਾਵੈ ਤਿਸੁ ਰਿਦੈ ਸਿ ਲੋਚਨ ਨਾਹੀ॥	(ਸਿ) ਬ੍ਰਹਮ ਦ੍ਰਿਸਟੀ ਵਾਲਾ ਤੀਜਾ (ਲੋਚਨ) ਨੇਤ੍ਰ ਅਖ਼ (ਦੂਜਾ ਪਾਠ: ਸਿਲੋਚਨ)	Andhhaa Soe J Andhh Kamaavai This Ridhai S Lochan Naahee ||	They alone are blind, who act blindly. They have no eyes in their hearts.	(ਜੇ ਕਹੋ ਅੰਨ੍ਹਾ ਕੌਣ ਹੈ ਤਾਂ) ਅੰਨ੍ਹਾ ਉਹ ਹੈ ਜੋ ਅੰਨ੍ਹਿਆਂ ਵਾਲਾ ਕੰਮ ਕਰਦਾ ਹੈ, ਜਿਸ ਦੇ ਦਿਲ ਵਿਚ ਉਹ ਅੱਖਾਂ ਨਹੀਂ ਹਨ (ਭਾਵ, ਜੋ ਸਮਝ ਤੋਂ ਸੱਖਣਾ ਹੈ),
55402	1289	ਮਾਤ ਪਿਤਾ ਕੀ ਰਕਤੁ ਨਿਪੰਨੇ ਮਛੀ ਮਾਸੁ ਨ ਖਾਂਹੀ॥	(ਨਿਪੰਨੇ) ਪੈਦਾ	Maath Pithaa Kee Rakath Nipannae Mashhee Maas N Khaanhee ||	They are produced from the blood of their mothers and fathers, but they do not eat fish or meat.	(ਨਹੀਂ ਤਾਂ ਸੋਚਣ ਵਾਲੀ ਗੱਲ ਹੈ ਕਿ ਆਪ ਭੀ ਤਾਂ) ਮਾਂ ਤੇ ਪਿਉ ਦੀ ਰੱਤ ਤੋਂ ਹੀ ਹੋਏ ਹਨ ਤੇ ਮੱਛੀ (ਆਦਿਕ) ਦੇ ਮਾਸ ਤੋਂ ਪਰਹੇਜ਼ ਕਰਦੇ ਹਨ (ਭਾਵ, ਮਾਸ ਤੋਂ ਹੀ ਪੈਦਾ ਹੋ ਕੇ ਮਾਸ ਤੋਂ ਪਰਹੇਜ਼ ਕਰਨ ਦਾ ਕੀਹ ਭਾਵ? ਪਹਿਲਾਂ ਭੀ ਤਾਂ ਮਾਂ ਪਿਉ ਦੇ ਮਾਸ ਤੋਂ ਹੀ ਸਰੀਰ ਪਲਿਆ ਹੈ)।
55403	1290	ਇਸਤ੍ਰੀ ਪੁਰਖੈ ਜਾਂ ਨਿਸਿ ਮੇਲਾ ਓਥੈ ਮੰਧੁ ਕਮਾਹੀ॥	(ਮੰਧੁ) ਮੰਦ ਕਰਮ (ਕਮਾਹੀ) ਕਮਾਉਂਦੇ ਹਨ	Eisathree Purakhai Jaan Nis Maelaa Outhhai Mandhh Kamaahee ||	But when men and women meet in the night, they come together in the flesh.	(ਫਿਰ), ਜਦੋਂ ਰਾਤ ਨੂੰ ਜ਼ਨਾਨੀ ਤੇ ਮਰਦ ਇਕੱਠੇ ਹੁੰਦੇ ਹਨ ਤਦੋਂ ਭੀ (ਮਾਸ ਨਾਲ ਹੀ) ਮੰਦ (ਭਾਵ, ਭੋਗ) ਕਰਦੇ ਹਨ।
55404	1290	ਮਾਸਹੁ ਨਿੰਮੇ ਮਾਸਹੁ ਜੰਮੇ ਹਮ ਮਾਸੈ ਕੇ ਭਾਂਡੇ॥		Maasahu Ninmae Maasahu Janmae Ham Maasai Kae Bhaanddae ||	In the flesh we are conceived, and in the flesh we are born; we are vessels of flesh.	ਅਸੀਂ ਸਾਰੇ ਮਾਸ ਦੇ ਪੁਤਲੇ ਹਾਂ, ਸਾਡਾ ਮੁੱਢ ਮਾਸ ਤੋਂ ਹੀ ਬੱਝਾ, ਅਸੀਂ ਮਾਸ ਤੋਂ ਹੀ ਪੈਦਾ ਹੋਏ,

55405	1290	ਗਿਆਨੁ ਧਿਆਨੁ ਕਛੁ ਸੂਝੈ ਨਾਹੀ ਚਤੁਰੁ ਕਹਾਵੈ ਪਾਂਡੇ॥		Giaan Dhhiaan Kashh Soojhai Naahee Chathur Kehaavai Paanddae ||	You know nothing of spiritual wisdom and meditation, even though you call yourself clever, O religious scholar.	(ਮਾਸ ਦਾ ਤਿਆਗੀ) ਪੰਡਿਤ (ਮਾਸ ਦੀ ਚਰਚਾ ਛੇੜ ਕੇ ਐਵੇਂ ਆਪਣੇ ਆਪ ਨੂੰ) ਸਿਆਣਾ ਅਖਵਾਂਦਾ ਹੈ, (ਅਸਲ ਵਿਚ) ਇਸ ਨੂੰ ਨਾਹ ਸਮਝ ਹੈ ਨਾਹ ਸੁਰਤ ਹੈ।
55406	1290	ਬਾਹਰ ਕਾ ਮਾਸੁ ਮੰਦਾ ਸੁਆਮੀ ਘਰ ਕਾ ਮਾਸੁ ਚੰਗੇਰਾ॥		Baahar Kaa Maas Mandhaa Suaamee Ghar Kaa Maas Changaeraa ||	O master, you believe that flesh on the outside is bad, but the flesh of those in your own home is good.	(ਭਲਾ ਦੱਸੋ,) ਪੰਡਿਤ ਜੀ! (ਇਹ ਕੀਹ ਕਿ) ਬਾਹਰੋਂ ਲਿਆਂਦਾ ਹੋਇਆ ਮਾਸ ਮਾੜਾ ਤੇ ਘਰ ਦਾ (ਵਰਤਿਆ) ਮਾਸ ਚੰਗਾ?
55407	1290	ਜੀਅ ਜੰਤ ਸਭਿ ਮਾਸਹੁ ਹੋਏ ਜੀਇ ਲਇਆ ਵਾਸੇਰਾ॥		Jeea Janth Sabh Maasahu Hoeae Jeee Laeiaa Vaasaeraa ||	All beings and creatures are flesh; the soul has taken up its home in the flesh.	(ਫਿਰ) ਸਾਰੇ ਜੀਅ ਜੰਤ ਮਾਸ ਤੋਂ ਪੈਦਾ ਹੋਏ ਹਨ, ਜਿੰਦ ਨੇ (ਮਾਸ ਵਿਚ ਹੀ) ਡੇਰਾ ਲਾਇਆ ਹੋਇਆ ਹੈ;
55408	1290	ਅਭਖੁ ਭਖਹਿ ਭਖੁ ਤਜਿ ਛੋਡਹਿ ਅੰਧੁ ਗੁਰੂ ਜਿਨ ਕੇਰਾ॥	(ਅਭੱਖੁ) ਨ ਖਾਣ ਯੋਗ। (ਭੱਖਹਿ) ਖਾਂਦਾ ਹੈ। (ਭੱਖੁ) ਖਾਣੇ ਯੋਗ,ਪੀਣ ਯੋਗ ਅੰਮ੍ਰਿਤ (ਤਜਿ) ਤਿਆਗ, ਛੱਡਦਾ ਹੈ। ਜਿੱਥੇ ਭਖ ਪੋਲਾ ਬੋਲਣਾ ਹੋਵੇ, ਉਹਦੀ ਵਰਤੋਂ ਇਸ ਤਰ੍ਹਾਂ ਹੈ, ਅੱਗ ਭਖ ਰਹੀ ਹੈ, ਭਖ ਹੋ ਗਈ।	Abhakh Bhakhehi Bhakh Thaj Shhoddehi Andhh Guroo Jin Kaeraa ||	They eat the uneatable; they reject and abandon what they could eat. They have a teacher who is blind.	ਸੋ ਜਿਨ੍ਹਾਂ ਨੂੰ ਰਾਹ ਦੱਸਣ ਵਾਲਾ ਆਪ ਅੰਨ੍ਹਾ ਹੈ ਉਹ ਨਾਹ ਖਾਣ-ਜੋਗ ਚੀਜ਼ (ਭਾਵ, ਪਰਾਇਆ ਹੱਕ) ਤਾਂ ਖਾਂਦੇ ਹਨ ਤੇ ਖਾਣ-ਜੋਗ ਚੀਜ਼ (ਭਾਵ ਜਿਸ ਚੀਜ਼ ਤੋਂ ਜ਼ਿੰਦਗੀ ਦਾ ਹੀ ਮੁੱਢ ਬੱਝਾ ਤਿਆਗਦੇ ਹਨ।)

55409	1290	ਮਾਸਹੁ ਨਿੰਮੇ ਮਾਸਹੁ ਜੰਮੇ ਹਮ ਮਾਸੈ ਕੇ ਭਾਂਡੇ॥		Maasahu Ninmae Maasahu Janmae Ham Maasai Kae Bhaanddae ||	In the flesh we are conceived, and in the flesh we are born; we are vessels of flesh.	ਅਸੀਂ ਸਾਰੇ ਮਾਸ ਦੇ ਪੁਤਲੇ ਹਾਂ, ਅਸਾਡਾ ਮੁੱਢ ਮਾਸ ਤੋਂ ਹੀ ਬੱਝਾ, ਅਸੀਂ ਮਾਸ ਤੋਂ ਹੀ ਪੈਦਾ ਹੋਏ,
55410	1290	ਗਿਆਨੁ ਧਿਆਨੁ ਕਛੁ ਸੂਝੈ ਨਾਹੀ ਚਤੁਰੁ ਕਹਾਵੈ ਪਾਂਡੇ॥		Giaan Dhhiaan Kashh Soojhai Naahee Chathur Kehaavai Paanddae ||	You know nothing of spiritual wisdom and meditation, even though you call yourself clever, O religious scholar.	(ਮਾਸ ਦਾ ਤਿਆਗੀ) ਪੰਡਿਤ (ਮਾਸ ਦੀ ਚਰਚਾ ਛੇੜ ਕੇ ਐਵੇਂ ਆਪਣੇ ਆਪ ਨੂੰ) ਸਿਆਣਾ ਅਖਵਾਂਦਾ ਹੈ, (ਅਸਲ ਵਿਚ) ਇਸ ਨੂੰ ਨਾਹ ਸਮਝ ਹੈ ਨਾਹ ਸੁਰਤ ਹੈ।
55411	1290	ਮਾਸੁ ਪੁਰਾਣੀ ਮਾਸੁ ਕਤੇਬੀਂ ਚਹੁ ਜੁਗਿ ਮਾਸੁ ਕਮਾਣਾ॥		Maas Puraanee Maas Kathaebanaee Chahu Jug Maas Kamaanaa ||	Meat is allowed in the Puraanas, meat is allowed in the Bible and the Koran. Throughout the four ages, meat has been used.	ਪੁਰਾਣਾਂ ਵਿਚ ਮਾਸ (ਦਾ ਜ਼ਿਕਰ), ਮੁਸਲਮਾਨੀ ਮਜ਼ਹਬੀ ਕਿਤਾਬਾਂ ਵਿਚ ਭੀ ਮਾਸ (ਵਰਤਣ ਦਾ ਜ਼ਿਕਰ); ਜਗਤ ਦੇ ਸ਼ੁਰੂ ਤੋਂ ਹੀ ਮਾਸ ਵਰਤੀਂਦਾ ਚਲਾ ਆਇਆ ਹੈ।
55412	1290	ਜਜਿ ਕਾਜਿ ਵੀਆਹਿ ਸੁਹਾਵੈ ਓਥੈ ਮਾਸੁ ਸਮਾਣਾ॥	ਜਜਿ: ਪੋਲਾ ਬੋਲੋ	Jaj Kaaj Veeaahi Suhaavai Outhhai Maas Samaanaa ||	It is featured in sacred feasts and marriage festivities; meat is used in them.	ਜੱਗ ਵਿਚ, ਵਿਆਹ ਆਦਿਕ ਕਾਜ ਵਿਚ (ਮਾਸ ਦੀ ਵਰਤੋਂ) ਪ੍ਰਧਾਨ ਹੈ, ਉਹਨੀਂ ਥਾਈਂ ਮਾਸ ਵਰਤੀਂਦਾ ਰਿਹਾ ਹੈ।

55413	1290	ਇਸਤ੍ਰੀ ਪੁਰਖ ਨਿਪਜਹਿ ਮਾਸਹੁ ਪਾਤਿਸਾਹ ਸੁਲਤਾਨਾਂ॥		Eisathree Purakh Nipajehi Maasahu Paathisaah Sulathaanaan ||	Women, men, kings and emperors originate from meat.	ਜ਼ਨਾਨੀ, ਮਰਦ, ਸ਼ਾਹ, ਪਾਤਿਸ਼ਾਹ...ਸਾਰੇ ਮਾਸ ਤੋਂ ਹੀ ਪੈਦਾ ਹੁੰਦੇ ਹਨ।
55414	1290	ਜੇ ਓਇ ਦਿਸਹਿ ਨਰਕਿ ਜਾਂਦੇ ਤਾਂ ਉਨ੍ਹ ਕਾ ਦਾਨੁ ਨ ਲੈਣਾ॥		Jae Oue Dhisehi Narak Jaandhae Thaan Ounh Kaa Dhaan N Lainaa ||	If you see them going to hell, then do not accept charitable gifts from them.	ਜੇ ਇਹ ਸਾਰੇ (ਮਾਸ ਤੋਂ ਬਣਨ ਕਰਕੇ) ਨਰਕ ਵਿਚ ਪੈਂਦੇ ਦਿੱਸਦੇ ਹਨ ਤਾਂ ਉਹਨਾਂ ਤੋਂ (ਮਾਸ-ਤਿਆਗੀ ਪੰਡਿਤ ਨੂੰ) ਦਾਨ ਭੀ ਨਹੀਂ ਲੈਣਾ ਚਾਹੀਦਾ।
55415	1290	ਦੇਂਦਾ ਨਰਕਿ ਸੁਰਗਿ ਲੈਦੇ ਦੇਖਹੁ ਏਹੁ ਧਿਕ੍ਹਾਣਾ॥		Dhaenadhaa Narak Surag Laidhae Dhaekhahu Eaehu Dhhin(g)aanaa ||	The giver goes to hell, while the receiver goes to heaven - look at this injustice.	(ਨਹੀਂ ਤਾਂ) ਵੇਖੋ, ਇਹ ਅਚਰਜ ਧੱਕੇ ਦੀ ਗੱਲ ਹੈ ਕਿ ਦਾਨ ਦੇਣ ਵਾਲੇ ਨਰਕੇ ਪੈਣ ਤੇ ਲੈਣ ਵਾਲੇ ਸੁਰਗ ਵਿਚ।
55416	1290	ਆਪਿ ਨ ਬੂਝੈ ਲੋਕ ਬੁਝਾਏ ਪਾਂਡੇ ਖਰਾ ਸਿਆਣਾ॥		Aap N Boojhai Lok Bujhaaeae Paanddae Kharaa Siaanaa ||	You do not understand your own self, but you preach to other people. O Pandit, you are very wise indeed.	(ਅਸਲ ਵਿਚ) ਹੇ ਪੰਡਿਤ! ਤੂੰ ਢਾਢਾ ਚਤੁਰ ਹੈਂ, ਤੈਨੂੰ ਆਪ ਨੂੰ (ਮਾਸ ਖਾਣ ਦੇ ਮਾਮਲੇ ਦੀ) ਸਮਝ ਨਹੀਂ, ਪਰ ਤੂੰ ਲੋਕਾਂ ਨੂੰ ਸਮਝਾਂਦਾ ਹੈਂ।
55417	1290	ਪਾਂਡੇ ਤੂ ਜਾਣੈ ਹੀ ਨਾਹੀ ਕਿਥਹੁ ਮਾਸੁ ਉਪੰਨਾ॥		Paanddae Thoo Jaanai Hee Naahee Kithhahu Maas Oupannaa ||	O Pandit, you do not know where meat originated.	ਹੇ ਪੰਡਿਤ! ਤੈਨੂੰ ਇਹ ਹੀ ਪਤਾ ਨਹੀਂ ਕਿ ਮਾਸ ਕਿਥੋਂ ਪੈਦਾ ਹੋਇਆ।

55418	1290	ਤੋਇਅਹੁ ਅੰਨੁ ਕਮਾਦੁ ਕਪਾਹਾਂ ਤੋਇਅਹੁ ਤ੍ਰਿਭਵਣੁ ਗੰਨਾ॥	(ਤੋਇਅਹੁ) ਪਾਣੀ ਤੋਂ। (ਗੰਨਾ) ਵਿਚਾਰੀਦੇ ਹਨ	Thoeiahu Ann Kamaadh Kapaahaan Thoeiahu Thribhavan Gannaa ||	Corn, sugar cane and cotton are produced from water. The three worlds came from water.	(ਵੇਖ,) ਪਾਣੀ ਤੋਂ ਅੰਨ ਪੈਦਾ ਹੁੰਦਾ ਹੈ, ਕਮਾਦ ਗੰਨਾ ਉੱਗਦਾ ਹੈ ਤੇ ਕਪਾਹ ਉੱਗਦੀ ਹੈ, ਪਾਣੀ ਤੋਂ ਹੀ ਸਾਰਾ ਸੰਸਾਰ ਪੈਦਾ ਹੁੰਦਾ ਹੈ।
55419	1290	ਤੋਆ ਆਖੈ ਹਉ ਬਹੁ ਬਿਧਿ ਹਛਾ ਤੋਐ ਬਹੁਤੁ ਬਿਕਾਰਾ॥	(ਆਖੈ) ਆਖਦੇ ਹਉਹੋਂ। ਬਿਧਿ: ਪੋਲਾ ਬੋਲੋ	Thoaa Aakhai Ho Bahu Bidhh Hashhaa Thoai Bahuth Bikaaraa ||	Water says, ""I am good in many ways."" But water takes many forms.	ਪਾਣੀ ਆਖਦਾ ਹੈ ਕਿ ਮੈਂ ਕਈ ਤਰੀਕਿਆਂ ਨਾਲ ਭਲਿਆਈ ਕਰਦਾ ਹਾਂ (ਭਾਵ, ਜੀਵ ਦੇ ਪਾਲਣ ਲਈ ਕਈ ਤਰੀਕਿਆਂ ਦੀ ਖ਼ੁਰਾਕ-ਪੁਸ਼ਾਕ ਪੈਦਾ ਕਰਦਾ ਹਾਂ), ਇਹ ਸਾਰੀਆਂ ਤਬਦੀਲੀਆਂ (ਭਾਵ, ਬੇਅੰਤ ਕਿਸਮਾਂ ਦੇ ਪਦਾਰਥ) ਪਾਣੀ ਵਿਚ ਹੀ ਹਨ।
55420	1290	ਏਤੇ ਰਸ ਛੋਡਿ ਹੋਵੈ ਸੰਨਿਆਸੀ ਨਾਨਕੁ ਕਹੈ ਵਿਚਾਰਾ॥੨॥		Eaethae Ras Shhodd Hovai Sanniaasee Naanak Kehai Vichaaraa ||2||	Forsaking these delicacies, one becomes a true Sannyaasee, a detached hermit. Nanak reflects and speaks. ||2||	ਸੋ, ਨਾਨਕ ਇਹ ਵਿਚਾਰ ਦੀ ਗੱਲ ਦੱਸਦਾ ਹੈ (ਕਿ ਜੇ ਸੱਚਾ ਤਿਆਗੀ ਬਣਨਾ ਹੈ ਤਾਂ) ਇਹਨਾਂ ਸਾਰੇ ਪਦਾਰਥਾਂ ਦੇ ਚਸਕੇ ਛੱਡ ਕੇ ਤਿਆਗੀ ਬਣੇ (ਕਿਉਂਕਿ ਮਾਸ ਦੀ ਉਤਪੱਤੀ ਭੀ ਪਾਣੀ ਤੋਂ ਹੈ ਤੇ ਅੰਨ ਕਮਾਦ ਆਦਿਕ ਦੀ ਉਤਪੱਤੀ ਭੀ ਪਾਣੀ ਤੋਂ ਹੀ ਹੈ) ॥੨॥
55421	1290	ਪਉੜੀ॥		Pourree ||	Pauree:	

55422	1290	ਹਉ ਕਿਆ ਆਖਾ ਇਕ ਜੀਭ ਤੇਰਾ ਅੰਤੁ ਨ ਕਿਨਹੀ ਪਾਇਆ॥		Ho Kiaa Aakhaa Eik Jeebh Thaeraa Anth N Kin Hee Paaeiaa ||	What can I say with only one tongue? I cannot find your limits.	(ਹੇ ਪ੍ਰਭੂ!) ਮੇਰੀ ਇਕ ਜੀਭ ਹੈ, ਮੈਂ ਤੇਰੇ ਕਿਹੜੇ ਕਿਹੜੇ ਗੁਣ ਬਿਆਨ ਕਰਾਂ? ਤੇਰਾ ਅੰਤ ਕਿਸੇ ਨੇ ਨਹੀਂ ਪਾਇਆ;
55423	1290	ਸਚਾ ਸਬਦੁ ਵੀਚਾਰਿ ਸੇ ਤੁਝ ਹੀ ਮਾਹਿ ਸਮਾਇਆ॥		Sachaa Sabadh Veechaar Sae Thujh Hee Maahi Samaaeiaa ||	Those who contemplate the True Word of the Shabad are absorbed into You, O Lord.	ਜੋ ਮਨੁੱਖ ਤੇਰੀ ਸਿਫ਼ਤ-ਸਾਲਾਹ ਦਾ ਸ਼ਬਦ ਵਿਚਾਰਦੇ ਹਨ ਉਹ ਤੇਰੇ ਵਿਚ ਹੀ ਲੀਨ ਹੋ ਜਾਂਦੇ ਹਨ।
55424	1290	ਇਕਿ ਭਗਵਾ ਵੇਸੁ ਕਰਿ ਭਰਮਦੇ ਵਿਣੁ ਸਤਿਗੁਰ ਕਿਨੈ ਨ ਪਾਇਆ॥		Eik Bhagavaa Vaes Kar Bharamadhae Vin Sathigur Kinai N Paaeiaa ||	Some wander around in saffron robes, but without the True Guru, no one finds the Lord.	ਕਈ ਮਨੁੱਖ ਭਗਵਾ ਭੇਖ ਬਣਾ ਕੇ ਭਟਕਦੇ ਫਿਰਦੇ ਹਨ, ਪਰ ਗੁਰੂ ਦੀ ਸਰਨ ਆਉਣ ਤੋਂ ਬਿਨਾ (ਹੇ ਪ੍ਰਭੂ!) ਤੈਨੂੰ ਕਿਸੇ ਨਹੀਂ ਲੱਭਾ,
55425	1290	ਦੇਸ ਦਿਸੰਤਰ ਭਵਿ ਥਕੇ ਤੁਧੁ ਅੰਦਰਿ ਆਪੁ ਲੁਕਾਇਆ॥		Dhaes Dhisanthar Bhav Thhakae Thudhh Andhar Aap Lukaaeiaa ||	They wander in foreign lands and countries until they grow weary, but You hide Yourself within them.	ਇਹ ਲੋਕ (ਬਾਹਰ) ਦੇਸਾਂ ਦੇਸਾਂਤਰਾਂ ਵਿਚ ਭਉਂਦੇ ਖਪ ਗਏ, ਪਰ ਤੂੰ ਆਪਣੇ ਆਪ ਨੂੰ (ਜੀਵ ਦੇ) ਅੰਦਰ ਲੁਕਾ ਰੱਖਿਆ ਹੈ।

55426	1290	ਗੁਰ ਕਾ ਸਬਦੁ ਰਤੰਨੁ ਹੈ ਕਰਿ ਚਾਨਣੁ ਆਪਿ ਦਿਖਾਇਆ॥		Gur Kaa Sabadh Rathann Hai Kar Chaanan Aap Dhikhaaeiaa ||	The Word of the Guru's Shabad is a jewel, through which the Lord shines forth and reveals Himself.	ਸਤਿਗੁਰੂ ਦਾ ਸਬਦੁ (ਮਾਨੋ) ਇਕ ਚਮਕਦਾ ਮੋਤੀ ਹੈ (ਜਿਸ ਨੂੰ ਪ੍ਰਭੂ ਨੇ ਇਹ ਮੋਤੀ ਬਖ਼ਸ਼ਿਆ ਹੈ, ਉਸ ਦੇ ਹਿਰਦੇ ਵਿਚ (ਪ੍ਰਭੂ ਨੇ) ਆਪ ਚਾਨਣ ਕਰ ਕੇ (ਉਸ ਨੂੰ ਆਪਣਾ ਆਪ) ਵਿਖਾਇਆ ਹੈ;
55427	1290	ਆਪਣਾ ਆਪੁ ਪਛਾਣਿਆ ਗੁਰਮਤੀ ਸਚਿ ਸਮਾਇਆ॥		Aapanaa Aap Pashhaaniaa Guramathee Sach Samaaeiaa ||	Realizing one's own self, following the Guru's Teachings, the mortal is absorbed into Truth.	(ਉਹ ਵਡ-ਭਾਗੀ ਮਨੁੱਖ) ਆਪਣਾ ਅਸਲਾ ਪਛਾਣ ਲੈਂਦਾ ਹੈ ਤੇ ਗੁਰੂ ਦੀ ਸਿੱਖਿਆ ਦੀ ਰਾਹੀਂ ਸੱਚੇ ਪ੍ਰਭੂ ਵਿਚ ਲੀਨ ਹੋ ਜਾਂਦਾ ਹੈ।
55428	1290	ਆਵਾ ਗਉਣੁ ਬਜਾਰੀਆ ਬਾਜਾਰੁ ਜਿਨੀ ਰਚਾਇਆ॥		Aavaa Goun Bajaareeaa Baajaar Jinee Rachaaeiaa ||	Coming and going, the tricksters and magicians put on their magic show.	(ਪਰ) ਜਿਨ੍ਹਾਂ (ਭੇਖੀਆਂ ਨੇ) ਵਿਖਾਵੇ ਦਾ ਢੌਂਗ ਰਚਾਇਆ ਹੋਇਆ ਹੈ ਉਹਨਾਂ ਪਖੰਡੀਆਂ ਨੂੰ ਜਨਮ ਮਰਨ (ਦਾ ਗੇੜ) ਮਿਲਦਾ ਹੈ;
55429	1290	ਇਕੁ ਥਿਰੁ ਸਚਾ ਸਾਲਾਹਣਾ ਜਿਨ ਮਨਿ ਸਚਾ ਭਾਇਆ॥੨੫॥		Eik Thhir Sachaa Saalaahanaa Jin Man Sachaa Bhaaeiaa ||25||	But those whose minds are pleased by the True Lord, praise the True One, the Ever-stable Lord. ||25||	ਤੇ, ਜਿਨ੍ਹਾਂ ਨੂੰ ਮਨ ਵਿਚ ਸੱਚਾ ਪ੍ਰਭੂ ਪਿਆਰਾ ਲੱਗਦਾ ਹੈ ਉਹ ਸਦਾ-ਥਿਰ ਰਹਿਣ ਵਾਲੇ ਇੱਕ ਪ੍ਰਭੂ ਦਾ ਗੁਣ ਗਾਂਦੇ ਹਨ ॥੨੫॥
55430	1290	ਸਲੋਕ ਮਃ ੧॥		Salok Ma 1 ||	Shalok, First Mehl:	

55431	1290	ਨਾਨਕ ਮਾਇਆ ਕਰਮ ਬਿਰਖੁ ਫਲ ਅੰਮ੍ਰਿਤ ਫਲ ਵਿਸੁ॥	(ਅੰਮ੍ਰਿਤ) ਸੁਖ। ਵਿਸੁ:ਪੋਲਾ ਬੋਲੋ। (ਵਿਸੁ) ਦੁੱਖ	Naanak Maaeiaa Karam Birakh Fal Anmrith Fal Vis ||	O Nanak, the tree of actions done in Maya yields ambrosial fruit and poisonous fruit.	ਹੇ ਨਾਨਕ! (ਜੀਵਾਂ ਦੇ ਕੀਤੇ) ਕਰਮਾਂ ਅਨੁਸਾਰ (ਮਨੁੱਖਾ ਸਰੀਰ-ਰੂਪ) ਮਾਇਆ ਦਾ (ਰਚਿਆ) ਰੁੱਖ (ਉੱਗਦਾ) ਹੈ (ਇਸ ਨੂੰ) ਅੰਮ੍ਰਿਤ (ਭਾਵ, ਨਾਮ ਸੁਖ) ਤੇ ਜ਼ਹਰ (ਭਾਵ, ਮੋਹ-ਦੁੱਖ) ਦੋ ਕਿਸਮਾਂ ਦੇ ਫਲ ਲੱਗਦੇ ਹਨ।
55432	1290	ਸਭ ਕਾਰਣ ਕਰਤਾ ਕਰੇ ਜਿਸੁ ਖਵਾਲੇ ਤਿਸੁ॥੧॥		Sabh Kaaran Karathaa Karae Jis Khavaalae This ||1||	The Creator does all deeds; we eat the fruits as He ordains. ||1||	ਕਰਤਾਰ ਆਪ (ਅੰਮ੍ਰਿਤ ਤੇ ਵਿਹੁ ਦੋ ਕਿਸਮਾਂ ਦੇ ਫਲਾਂ ਦੇ) ਸਾਰੇ ਵਸੀਲੇ ਬਣਾਂਦਾ ਹੈ, ਜਿਸ ਜੀਵ ਨੂੰ ਜਿਹੜਾ ਫਲ ਖਵਾਂਦਾ ਹੈ ਉਸ ਨੂੰ (ਉਹੀ ਖਾਣਾ ਪੈਂਦਾ ਹੈ) ॥੧॥
55433	1290	ਮਃ ੨॥		Ma 2 ||	Second Mehl:	
55434	1290	ਨਾਨਕ ਦੁਨੀਆ ਕੀਆਂ ਵਡਿਆਈਆਂ ਅਗੀ ਸੇਤੀ ਜਾਲਿ॥		Naanak Dhuneeaa Keeaaan Vaddiaaeeaaan Agee Saethee Jaal ||	O Nanak, burn worldly greatness and glory in the fire.	ਹੇ ਨਾਨਕ! ਦੁਨੀਆ ਦੀਆਂ ਵਡਿਆਈਆਂ ਨੂੰ ਅੱਗ ਨਾਲ ਸਾੜ ਦੇਹ।

55435	1290	ਏਨੀ ਜਲੀਈਂ ਨਾਮੁ ਵਿਸਾਰਿਆ ਇਕ ਨ ਚਲੀਆ ਨਾਲਿ॥੨॥	ਏਨ੍ਹੀਂ। ਜਲੀ-ਈਂ	Eaenee Jaleeeen Naam Visaariaa Eik N Chaleeaa Naal ||2||	These burnt offerings have caused mortals to forget the Naam, the Name of the Lord. Not even one of them will go along with you in the end. ||2||	ਇਹਨਾਂ ਚੰਦਰੀਆਂ ਨੇ (ਮਨੁੱਖ ਤੋਂ) ਪ੍ਰਭੂ ਦਾ ਨਾਮ ਭੁਲਵਾ ਦਿੱਤਾ ਹੈ (ਪਰ ਇਹਨਾਂ ਵਿਚੋਂ) ਇੱਕ ਭੀ (ਮਰਨ ਪਿਛੋਂ) ਨਾਲ ਨਹੀਂ ਜਾਂਦੀ ॥੨॥
55436	1290	ਪਉੜੀ॥		Pourree ||	Pauree:	
55437	1290	ਸਿਰਿ ਸਿਰਿ ਹੋਇ ਨਿਬੇੜੁ ਹੁਕਮਿ ਚਲਾਇਆ॥		Sir Sir Hoe Nibaerr Hukam Chalaaeiaa ||	He judges each and every being; by the Hukam of His Command, He leads us on.	(ਹੇ ਪ੍ਰਭੂ! ਸਾਰੇ ਜਗਤ ਨੂੰ ਤੂੰ) ਆਪਣੇ ਹੁਕਮ ਵਿਚ ਤੋਰ ਰਿਹਾ ਹੈਂ (ਕਿਤੇ ਭੇਖੀ ਵਿਖਾਵੇ ਦਾ ਢੌਂਗ ਰਚਾ ਰਹੇ ਹਨ, ਕਿਤੇ ਤੈਨੂੰ ਪਿਆਰ ਕਰਨ ਵਾਲੇ ਤੇਰੀ ਸਿਫ਼ਤ-ਸਾਲਾਹ ਕਰ ਰਹੇ ਹਨ; ਇਹਨਾਂ ਦੇ ਕਰਮਾਂ ਅਨੁਸਾਰ 'ਆਵਾਗਾਉਣ' ਅਤੇ ਤੇਰਾ ਪਿਆਰ ਤੇਰੇ ਹੀ ਹੁਕਮ ਵਿਚ) ਵੱਖੋ-ਵੱਖਰਾ ਫ਼ੈਸਲਾ (ਹੁੰਦਾ ਹੈ),
55438	1290	ਤੇਰੈ ਹਥਿ ਨਿਬੇੜੁ ਤੂਹੈ ਮਨਿ ਭਾਇਆ॥		Thaerai Hathh Nibaerr Thoohai Man Bhaaeiaa ||	Justice is in Your Hands, O Lord; You are pleasing to my mind.	ਸਾਰਾ ਫ਼ੈਸਲਾ ਤੇਰੇ ਹੀ ਹੱਥ ਵਿਚ ਹੈ, ਤੂੰ ਹੀ (ਮੇਰੇ) ਮਨ ਵਿਚ ਪਿਆਰਾ ਲੱਗਦਾ ਹੈਂ।
55439	1290	ਕਾਲੁ ਚਲਾਏ ਬੰਨਿ ਕੋਇ ਨ ਰਖਸੀ॥	ਬੰਨ੍ਹਿ	Kaal Chalaaeae Bann Koe N Rakhasee ||	The mortal is bound and gagged by Death and lead away; no one can rescue him.	ਜਦੋਂ ਮੌਤ ਬੰਨ੍ਹ ਕੇ (ਜੀਵ ਨੂੰ) ਤੋਰ ਲੈਂਦੀ ਹੈ, ਕੋਈ ਇਸ ਨੂੰ ਰੱਖ ਨਹੀਂ ਸਕਦਾ;

55440	1290	ਜਰੁ ਜਰਵਾਣਾ ਕੰਨ੍ਹਿ ਚੜਿਆ ਨਚਸੀ॥		Jar Jaravaanaa Kannih Charriaa Nachasee ||	Old age, the tyrant, dances on the mortal's shoulders.	ਜ਼ਾਲਮ ਬੁਢੇਪਾ (ਹਰੇਕ ਦੇ) ਮੋਢੇ ਉਤੇ ਚੜ੍ਹ ਕੇ ਨੱਚਦਾ ਹੈ (ਭਾਵ, ਮੌਤ ਦਾ ਸੁਨੇਹਾ ਦੇ ਰਿਹਾ ਹੈ ਜਿਸ ਅੱਗੇ ਕਿਸੇ ਦੀ ਪੇਸ਼ ਨਹੀਂ ਜਾਂਦੀ)।
55441	1290	ਸਤਿਗੁਰੁ ਬੋਹਿਥੁ ਬੇੜੁ ਸਚਾ ਰਖਸੀ॥		Sathigur Bohithh Baerr Sachaa Rakhasee ||	So climb aboard the boat of the True Guru, and the True Lord will rescue you.	ਸਤਿਗੁਰੂ ਹੀ ਸੱਚਾ ਜਹਾਜ਼ ਹੈ ਸੱਚਾ ਬੇੜਾ ਹੈ ਜੋ (ਮੌਤ ਦੇ ਡਰ ਤੋਂ) ਬਚਾਂਦਾ ਹੈ।
55442	1290	ਅਗਨਿ ਭਖੈ ਭੜ ਹਾੜੁ ਅਨ ਦਿਨੁ ਭਖਸੀ॥	(ਭੜ) ਭੱਠ ਦੇ। (ਹਾੜੁ) ਬਰਾਬਰ। ਭਖੈ: ਪੋਲਾ ਬੋਲੋ, ਭਖਸੀ: ਪੋਲਾ ਬੋਲੋ	Agan Bhakhai Bharrehaarr Anadhin Bhakhasee ||	The fire of desire burns like an oven, consuming mortals night and day.	(ਜਗਤ ਵਿਚ ਤ੍ਰਿਸ਼ਨਾ ਦੀ) ਅੱਗ ਦਾ ਭਾਂਬੜ ਮਚ ਰਿਹਾ ਹੈ, ਹਰ ਵੇਲੇ ਮਚਿਆ ਰਹਿੰਦਾ ਹੈ।
55443	1290	ਫਾਥਾ ਚੁਗੈ ਚੋਗ ਹੁਕਮੀ ਛੁਟਸੀ॥		Faathhaa Chugai Chog Hukamee Shhuttasee ||	Like trapped birds, the mortals peck at the corn; only through the Lord's Command will they find release.	(ਇਸ ਭਾਂਬੜ ਵਿਚ) ਫਸਿਆ ਹੋਇਆ ਜੀਵ ਚੋਗਾ ਚੁਗ ਰਿਹਾ ਹੈ; ਪ੍ਰਭੂ ਦੇ ਹੁਕਮ ਅਨੁਸਾਰ ਹੀ ਇਸ ਵਿਚੋਂ ਬਚ ਸਕਦਾ ਹੈ,
55444	1290	ਕਰਤਾ ਕਰੇ ਸੁ ਹੋਗੁ ਕੂੜੁ ਨਿਖੁਟਸੀ॥੨੬॥	ਨਿ-ਖੁੱਟਸੀ	Karathaa Karae S Hog Koorr Nikhuttasee ||26||	Whatever the Creator does, comes to pass; falsehood shall fail in the end. ||26||	ਕਿਉਂਕਿ ਜੋ ਕੁਝ ਕਰਤਾਰ ਕਰਦਾ ਹੈ ਉਹੀ ਹੁੰਦਾ ਹੈ। ਕੂੜ (ਦਾ ਵਪਾਰ, ਭਾਵ, ਤ੍ਰਿਸ਼ਨਾ-ਅਧੀਨ ਹੋ ਕੇ ਮਾਇਕ ਪਦਾਰਥਾਂ ਪਿਛੇ ਦੌੜਨਾ) ਜੀਵ ਦੇ ਨਾਲ ਨਹੀਂ ਨਿਭਦਾ ॥੨੬॥
55445	1291	ਸਲੋਕ ਮਃ ੧॥		Salok Ma 1 ||	Shalok, First Mehl:	

55446	1291	ਘਰ ਮਹਿ ਘਰੁ ਦੇਖਾਇ ਦੇਇ ਸੋ ਸਤਿਗੁਰੁ ਪੁਰਖੁ ਸੁਜਾਣੁ॥		Ghar Mehi Ghar Dhaekhaae Dhaee So Sathigur Purakh Sujaan ||	The True Guru is the All-knowing Primal Being; He shows us our true home within the home of the self.	ਉਹ ਹੈ ਸਿਆਣਾ ਸਤਿਗੁਰੂ ਪੁਰਖ ਜੋ ਹਿਰਦੇ-ਘਰ ਵਿਚ ਪਰਮਾਤਮਾ ਦੇ ਰਹਿਣ ਦਾ ਥਾਂ ਵਿਖਾ ਦੇਂਦਾ ਹੈ;
55447	1291	ਪੰਚ ਸਬਦ ਧੁਨਿਕਾਰ ਧੁਨਿ ਤਹ ਬਾਜੈ ਸਬਦੁ ਨੀਸਾਣੁ॥		Panch Sabadh Dhhunikaar Dhhun Theh Baajai Sabadh Neesaan ||	The Panch Shabad, the Five Primal Sounds, resonate and resound within; the insignia of the Shabad is revealed there, vibrating gloriously.	(ਜਦੋਂ ਮਨੁੱਖ) ਉਸ ਘਰ ਵਿਚ (ਅੱਪੜਦਾ ਹੈ) ਤਦੋਂ ਗੁਰੂ ਦਾ ਸ਼ਬਦ-ਰੂਪ ਨਗਾਰਾ ਵੱਜਦਾ ਹੈ (ਭਾਵ, ਗੁਰ-ਸ਼ਬਦ ਦਾ ਪ੍ਰਭਾਵ ਇਤਨਾ ਪ੍ਰਬਲ ਹੁੰਦਾ ਹੈ ਕਿ ਕੋਈ ਹੋਰ ਖਿੱਚ ਪੇਹ ਨਹੀਂ ਸਕਦੀ, ਤਦੋਂ ਮਾਨੋ) ਪੰਜ ਕਿਸਮ ਦੇ ਸਾਜ਼ਾਂ ਦੀ ਇਕ-ਰਸ ਸੰਗੀਤਕ ਆਵਾਜ਼ ਉੱਠਦੀ ਹੈ (ਜੋ ਮਸਤੀ ਪੈਦਾ ਕਰਦੀ ਹੈ)।
55448	1291	ਦੀਪ ਲੋਅ ਪਾਤਾਲ ਤਹ ਖੰਡ ਮੰਡਲ ਹੈਰਾਨੁ॥		Dheep Loa Paathaal Theh Khandd Manddal Hairaan ||	Worlds and realms, nether regions, solar systems and galaxies are wondrously revealed.	ਇਸ ਅਵਸਥਾ ਵਿਚ (ਅੱਪੜ ਕੇ) ਮਨੁੱਖ (ਬੇਅੰਤ ਕੁਦਰਤਿ ਦੇ ਕੌਤਕ) ਦੀਪਾਂ, ਲੋਕਾਂ, ਪਾਤਾਲਾਂ, ਖੰਡਾਂ ਤੇ ਮੰਡਲਾਂ ਨੂੰ ਵੇਖ ਕੇ ਹੈਰਾਨ ਹੁੰਦਾ ਹੈ;
55449	1291	ਤਾਰ ਘੋਰ ਬਾਜਿੰਤ੍ਰ ਤਹ ਸਾਚਿ ਤਖਤਿ ਸੁਲਤਾਨੁ॥		Thaar Ghor Baajinthr Theh Saach Thakhath Sulathaan ||	The strings and the harps vibrate and resound; the true throne of the Lord is there.	(ਇਸ ਸਾਰੀ ਕੁਦਰਤਿ ਦਾ) ਪਾਤਸ਼ਾਹ ਸੱਚੇ ਤਖ਼ਤ ਉਤੇ ਬੈਠਾ ਦਿੱਸਦਾ ਹੈ, ਉਸ ਹਾਲਤ ਵਿਚ ਅੱਪੜਿਆਂ; ਮਾਨੋ, ਵਾਜਿਆਂ ਦੀ ਉੱਚੀ ਸੁਰ ਦੀ ਘਨਘੋਰ ਲੱਗੀ ਪਈ ਹੁੰਦੀ ਹੈ,

55450	1291	ਸੁਖਮਨ ਕੈ ਘਰਿ ਰਾਗੁ ਸੁਨਿ ਸੁੰਨਿ ਮੰਡਲਿ ਲਿਵ ਲਾਇ॥	ਮਹਾਂ ਵਿਸਮਾਦ (ਸੁਖਮਨ) ਬ੍ਰਹਮ। (ਸੁਨਿ) ਸੁਨਣਾ ਕਰ	Sukhaman Kai Ghar Raag Sun Sunn Manddal Liv Laae ||	Listen to the music of the home of the heart - Sukhmani, peace of mind. Lovingly tune in to His state of celestial ecstasy.	ਇਸ ਰੱਬੀ ਮਿਲਾਪ ਵਿਚ ਬੈਠਾ ਮਨੁੱਖ (ਮਾਨੋ) ਰਾਗ ਸੁਣ ਸੁਣ ਕੇ ਅਫੁਰ ਅਵਸਥਾ ਵਿਚ ਸੁਰਤ ਜੋੜੀ ਰੱਖਦਾ ਹੈ (ਭਾਵ, ਰੱਬੀ ਮਿਲਾਪ ਦੀ ਮੌਜ ਵਿਚ ਇਤਨਾ ਮਸਤ ਹੁੰਦਾ ਹੈ ਕਿ ਜਗਤ ਵਾਲਾ ਕੋਈ ਫੁਰਨਾ ਉਸ ਦੇ ਮਨ ਵਿਚ ਨਹੀਂ ਉੱਠਦਾ)।
55451	1291	ਅਕਥ ਕਥਾ ਬੀਚਾਰੀਐ ਮਨਸਾ ਮਨਹਿ ਸਮਾਇ॥	ਅ-ਕਥ: ਪੋਲਾ ਬੋਲੋ	Akathh Kathhaa Beechaareeai Manasaa Manehi Samaae ||	Contemplate the Unspoken Speech, and the desires of the mind are dissolved.	ਇਥੇ ਬੇਅੰਤ ਪ੍ਰਭੂ ਦੇ ਗੁਣ ਜਿਉਂ ਜਿਉਂ ਵੀਚਾਰੀਦੇ ਹਨ ਤਿਉਂ ਤਿਉਂ ਮਨ ਦਾ ਫੁਰਨਾ ਮਨ ਵਿਚ ਹੀ ਗ਼ਰਕ ਹੁੰਦਾ ਜਾਂਦਾ ਹੈ;
55452	1291	ਉਲਟਿ ਕਮਲੁ ਅੰਮ੍ਰਿਤਿ ਭਰਿਆ ਇਹੁ ਮਨੁ ਕਤਹੁ ਨ ਜਾਇ॥		Oulatt Kamal Anmrith Bhariaa Eihu Man Kathahu N Jaae ||	The heart-lotus is turned upside-down, and is filled with Ambrosial Nectar. This mind does not go out; it does not get distracted.	ਇਹ ਮਨ ਕਿਸੇ ਹੋਰ ਪਾਸੇ ਨਹੀਂ ਜਾਂਦਾ ਕਿਉਂਕਿ ਹਿਰਦਾ-ਰੂਪ ਕਉਲ ਫੁੱਲ (ਮਾਇਆ ਵਲੋਂ) ਪਰਤ ਕੇ ਨਾਮ-ਅੰਮ੍ਰਿਤ ਨਾਲ ਭਰ ਜਾਂਦਾ ਹੈ;
55453	1291	ਅਜਪਾ ਜਾਪੁ ਨ ਵੀਸਰੈ ਆਦਿ ਜੁਗਾਦਿ ਸਮਾਇ॥	ਅ-ਜਪਾ: ਪੋਲਾ ਬੋਲੋ। ਜੁੱਗਾਦਿ	Ajapaa Jaap N Veesarai Aadh Jugaadh Samaae ||	It does not forget the Chant which is chanted without chanting; it is immersed in the Primal Lord God of the ages.	ਉਸ ਪ੍ਰਭੂ ਵਿਚ, ਜੋ ਸਭ ਦਾ ਮੁੱਢ ਹੈ ਤੇ ਜੁਗਾਂ ਦੇ ਬਣਨ ਤੋਂ ਭੀ ਪਹਿਲਾਂ ਦਾ ਹੈ, ਮਨ ਇਉਂ ਲੀਨ ਹੁੰਦਾ ਹੈ ਕਿ ਪ੍ਰਭੂ ਦੀ ਯਾਦ (ਕਿਸੇ ਵੇਲੇ) ਨਹੀਂ ਭੁੱਲਦੀ, ਜੀਭ ਹਿਲਾਣ ਤੋਂ ਬਿਨਾ ਹੀ ਸਿਮਰਨ ਹੁੰਦਾ ਰਹਿੰਦਾ ਹੈ।

55454	1291	ਸਭਿ ਸਖੀਆ ਪੰਚੇ ਮਿਲੇ ਗੁਰਮੁਖਿ ਨਿਜ ਘਰਿ ਵਾਸੁ॥		Sabh Sakheeaa Panchae Milae Guramukh Nij Ghar Vaas ||	All the sister-companions are blessed with the five virtues. The Gurmukhs dwell in the home of the self deep within.	(ਇਸ ਤਰ੍ਹਾਂ) ਗੁਰੂ ਦੇ ਸਨਮੁਖ ਹੋਇਆਂ ਮਨੁੱਖ ਨਿਰੋਲ ਆਪਣੇ ਘਰ ਵਿਚ ਟਿਕ ਜਾਂਦਾ ਹੈ (ਜਿਵੇਂ ਕੋਈ ਇਸ ਨੂੰ ਬੇ-ਦਖ਼ਲ ਨਹੀਂ ਕਰ ਸਕਦਾ, ਇਸ ਦੇ) ਸਾਰੇ ਗਿਆਨ-ਇੰਦ੍ਰੇ ਤੇ ਪੰਜੇ (ਦੈਵੀ ਗੁਣ ਭਾਵ, ਸਤ ਸੰਤੋਖ ਦਇਆ ਧਰਮ ਧੀਰਜ) ਸੰਗੀ ਬਣ ਜਾਂਦੇ ਹਨ।
55455	1291	ਸਬਦੁ ਖੋਜਿ ਇਹੁ ਘਰੁ ਲਹੈ ਨਾਨਕੁ ਤਾ ਕਾ ਦਾਸੁ॥੧॥		Sabadh Khoj Eihu Ghar Lehai Naanak Thaa Kaa Dhaas ||1||	Nanak is the slave of that one who seeks the Shabad and finds this home within. ||1||	ਸਤਿਗੁਰੂ ਦੇ ਸ਼ਬਦ ਨੂੰ ਸਮਝ ਕੇ ਜੋ ਮਨੁੱਖ ਇਸ (ਨਿਰੋਲ ਆਪਣੇ) ਘਰ ਨੂੰ ਲੱਭ ਲੈਂਦਾ ਹੈ, ਨਾਨਕ ਉਸ ਦਾ ਸੇਵਕ ਹੈ ॥੧॥
55456	1291	ਮਃ ੧॥		Ma 1 ||	First Mehl:	
55457	1291	ਚਿਲਿਮਿਲਿ ਬਿਸੀਆਰ ਦੁਨੀਆ ਫਾਨੀ॥	ਚਿਲਿਮਿਲਿ:ਪੋਲਾ ਬੋਲੋ। (ਚਿਲਿਮਿਲਿ) ਚਮਤਕਾਰ, (ਬਿਸੀਆਰ) ਵੱਡਾ, (ਫਾਨੀ) ਨਾਸਵੰਤ	Chilimil Biseeaar Dhuneeaa Faanee ||	The extravagant glamor of the world is a passing show.	ਬਿਜਲੀ ਦੀ ਲਿਸ਼ਕ (ਵਾਂਗ) ਦੁਨੀਆ (ਦੀ ਚਮਕ) ਬਹੁਤ ਹੈ ਪਰ ਹੈ ਨਾਸ ਹੋ ਜਾਣ ਵਾਲੀ,
55458	1291	ਕਾਲੂਬਿ ਅਕਲ ਮਨ ਗੋਰ ਨ ਮਾਨੀ॥	ਮਨਮੈਂ। ਕਾਲੂਬਿਦਿਲ	Kaaloob Akal Man Gor N Maanee ||	My twisted mind does not believe that it will end up in a grave.	(ਜਿਸ ਚਮਕ ਨੂੰ ਵੇਖ ਕੇ) ਮੈਂ ਮੂਰਖ ਨੇ ਮੌਤ ਦਾ ਚੇਤਾ ਹੀ ਨਾਹ ਰੱਖਿਆ।

55459	1291	ਮਨ ਕਮੀਨ ਕਮਤਰੀਨ ਤੂ ਦਰੀਆਉ ਖੁਦਾਇਆ॥	(ਮਨ) ਮੈਂ। (ਕਮੀਨ) ਛੋਟਾ। (ਕਮਤਰੀਨ) ਛੋਟੇ ਤੋਂ ਛੋਟਾ। ਦਰੀ-ਆਉ	Man Kameen Kamathareen Thoo Dhareeaao Khudhaaeiaa ||	I am meek and lowly; You are the great river.	ਮੈਂ ਕਮੀਨਾ ਹਾਂ, ਮੈਂ ਬਹੁਤ ਹੀ ਮਾੜਾ ਹਾਂ, ਪਰ ਹੇ ਖ਼ੁਦਾ! ਤੂੰ ਦਰੀਆ (-ਦਿਲ) ਹੈਂ;
55460	1291	ਏਕੁ ਚੀਜੁ ਮੁਝੈ ਦੇਹਿ ਅਵਰ ਜਹਰ ਚੀਜ ਨ ਭਾਇਆ॥	ਔਗੁਣ ਵਿਸ਼ੇ ਰੂਪੀ ਜਹਰ	Eaek Cheej Mujhai Dhaehi Avar Jehar Cheej N Bhaaeiaa ||	Please, bless me with the one thing; everything else is poison, and does not tempt me.	ਮੈਨੂੰ ਆਪਣਾ ਇਕ 'ਨਾਮ' ਦੇਹ, ਹੋਰ ਚੀਜ਼ਾਂ ਜ਼ਹਰ (ਵਰਗੀਆਂ) ਹਨ, ਇਹ ਮੈਨੂੰ ਚੰਗੀਆਂ ਨਹੀਂ ਲੱਗਦੀਆਂ।
55461	1291	ਪੁਰਾਬ ਖਾਮ ਕੂਜੈ ਹਿਕਮਤਿ ਖੁਦਾਇਆ॥	ਸ੍ਰੀਰ ਰੂਪੀ (ਖਾਮ) ਕੱਚਾ। (ਕੂੱਜੈ) ਕੁੱਜਾ। (ਪੁਰਾਬ) ਸੁਆਸਾਂ ਨਾਲ ਭਰ ਕੇ	Puraab Khaam Koojai Hikamath Khudhaaeiaa ||	You filled this fragile body with the water of life, O Lord, by Your Creative Power.	ਹੇ ਖ਼ੁਦਾ! (ਮੇਰਾ ਸਰੀਰ) ਕੱਚਾ ਕੂਜ਼ਾ (ਪਿਆਲਾ) ਹੈ ਜੋ ਪਾਣੀ ਨਾਲ ਭਰਿਆ ਹੋਇਆ ਹੈ, ਇਹ ਤੇਰੀ (ਅਜਬ) ਕਾਰੀਗਰੀ ਹੈ,
55462	1291	ਮਨ ਤੁਆਨਾ ਤੂ ਕੁਦਰਤੀ ਆਇਆ॥	(ਮਨ) ਦਾਸਨ-ਦਾਸ। (ਤੁਆਨਾ) ਚਾਹਵਾਨ	Man Thuaanaa Thoo Kudharathee Aaeiaa ||	By Your Omnipotence, I have become powerful.	(ਹੇ ਖ਼ੁਦਾ!) ਤੂੰ ਤੁਆਨਾ (ਬਲਵਾਨ) ਹੈਂ, ਮੈਂ ਤੇਰੀ ਕੁਦਰਤਿ ਨਾਲ (ਜਗਤ ਵਿਚ) ਆਇਆ ਹਾਂ।
55463	1291	ਸਗ ਨਾਨਕ ਦੀਬਾਨ ਮਸਤਾਨਾ ਨਿਤ ਚੜੈ ਸਵਾਇਆ॥	(ਸਗ) ਕੂਕਰ। ਸਗ: ਪੋਲਾ ਬੋਲੋ।ਚੜ੍ਹੈ	Sag Naanak Dheebaan Masathaanaa Nith Charrai Savaaeiaa ||	Nanak is a dog in the Court of the Lord, intoxicated more and more, all the time.	ਹੇ ਖ਼ੁਦਾ! ਨਾਨਕ ਤੇਰੇ ਦਰਬਾਰ ਦਾ ਕੁੱਤਾ ਹੈ ਤੇ ਮਸਤਾਨਾ ਹੈ (ਮਿਹਰ ਕਰ, ਇਹ ਮਸਤੀ) ਨਿੱਤ ਵਧਦੀ ਰਹੇ,

55464	1291	ਆਤਸ ਦੁਨੀਆ ਖੁਨਕ ਨਾਮੁ ਖੁਦਾਇਆ॥੨॥	(ਆਤਸ) ਅੱਗ। (ਖੁਨਕ) ਠੰਢਾ	Aathas Dhuneeaa Khunak Naam Khudhaaeiaa ||2||	The world is on fire; the Name of the Lord is cooling and soothing. ||2||	(ਕਿਉਂਕਿ) ਦੁਨੀਆ ਅੱਗ (ਵਾਂਗ) ਹੈ ਤੇ ਤੇਰਾ ਨਾਮ ਠੰਢ ਪਾਣ ਵਾਲਾ ਹੈ ॥੨॥
55465	1291	ਪਉੜੀ ਨਵੀ ਮਃ ੫॥	ਇਹ ਪਉੜੀ ਸ੍ਰੀ ਗੁਰੂ ਮਹੱਲੇ ਪੰਜਵੇਂ ਸਾਹਿਬ ਜੀ ਦੀ ਹੈ, ਬਾਕੀ ਸਭ ਪਉੜੀਆਂ ਮਹੱਲਾ ੧ ਜੀ ਦੀਆਂ ਹਨ	Pourree Navee Ma 5 ||	New Pauree, Fifth Mehl:	
55466	1291	ਸਭੋ ਵਰਤੈ ਚਲਤੁ ਚਲਤੁ ਵਖਾਣਿਆ॥		Sabho Varathai Chalath Chalath Vakhaaniaa ||	His wonderful play is all-pervading; it is wonderful and amazing!	ਇਹ ਸਾਰਾ (ਜਗਤ ਪਰਮਾਤਮਾ ਦਾ) ਤਮਾਸ਼ਾ ਹੋ ਰਿਹਾ ਹੈ, ਇਸ ਨੂੰ ਤਮਾਸ਼ਾ ਹੀ ਕਿਹਾ ਜਾ ਸਕਦਾ ਹੈ,
55467	1291	ਪਾਰਬ੍ਰਹਮੁ ਪਰਮੇਸਰੁ ਗੁਰਮੁਖਿ ਜਾਣਿਆ॥		Paarabreham Paramaesar Guramukh Jaaniaa ||	As Gurmukh, I know the the Transcendent Lord, the Supreme Lord God.	(ਇਸ ਤਮਾਸ਼ੇ ਨੂੰ ਰਚਣ ਵਾਲਾ) ਪਾਰਬ੍ਰਹਮ ਪਰਮਾਤਮਾ ਸਤਿਗੁਰੂ ਦੀ ਰਾਹੀਂ ਜਾਣਿਆ ਜਾਂਦਾ ਹੈ।
55468	1291	ਲਥੇ ਸਭਿ ਵਿਕਾਰ ਸਬਦਿ ਨੀਸਾਣਿਆ॥		Lathhae Sabh Vikaar Sabadh Neesaaniaa ||	All my sins and corruption are washed away, through the insignia of the Shabad, the Word of God.	ਸਤਿਗੁਰੂ ਦੇ ਸ਼ਬਦ (-ਰੂਪ) ਨਗਾਰੇ ਨਾਲ ਸਾਰੇ ਵਿਕਾਰ ਲਹਿ ਜਾਂਦੇ ਹਨ (ਨੱਠ ਜਾਂਦੇ ਹਨ),

55469	1291	ਸਾਧੂਸੰਗਿ ਉਧਾਰੁ ਭਏ ਨਿਕਾਣਿਆ॥		Saadhhoo Sang Oudhhaar Bheae Nikaaniaa ||	In the Saadh Sangat, the Company of the Holy, one is saved, and becomes free.	ਸਤਿਗੁਰੂ ਦੀ ਸੰਗਤ ਵਿਚ (ਰਿਹਾਂ, ਵਿਕਾਰਾਂ ਤੋਂ) ਬਚਾਉ ਹੋ ਜਾਂਦਾ ਹੈ ਤੇ ਬੇ-ਮੁਥਾਜ ਹੋ ਜਾਈਦਾ ਹੈ।
55470	1291	ਸਿਮਰਿ ਸਿਮਰਿ ਦਾਤਾਰੁ ਸਭਿ ਰੰਗ ਮਾਣਿਆ॥		Simar Simar Dhaathaar Sabh Rang Maaniaa ||	Meditating, meditating in remembrance on the Great Giver, I enjoy all comforts and pleasures.	(ਗੁਰੂ ਦੀ ਬਰਕਤਿ ਨਾਲ) ਦਾਤਾਰ ਪ੍ਰਭੂ ਨੂੰ ਸਿਮਰ ਸਿਮਰ ਕੇ, (ਮਾਨੇ) ਸਾਰੇ ਰੰਗ ਮਾਣ ਲਈਦੇ ਹਨ (ਭਾਵ, ਸਿਮਰਨ ਦੇ ਆਨੰਦ ਦੇ ਟਾਕਰੇ ਤੇ ਦੁਨੀਆ ਦੇ ਰੰਗ ਫਿੱਕੇ ਪੈ ਜਾਂਦੇ ਹਨ)
55471	1291	ਪਰਗਟੁ ਭਇਆ ਸੰਸਾਰਿ ਮਿਹਰ ਛਾਵਾਣਿਆ॥		Paragatt Bhaeiaa Sansaar Mihar Shhaavaaniaa ||	I have become famous throughout the world, under the canopy of His kindness and grace.	(ਸਿਮਰਨ ਕਰਨ ਵਾਲਾ ਮਨੁੱਖ) ਜਗਤ ਵਿਚ ਭੀ ਉੱਘਾ ਹੋ ਜਾਂਦਾ ਹੈ, ਪ੍ਰਭੂ ਦੀ ਮਿਹਰ ਦਾ ਸਾਇਬਾਨ ਉਸ ਉਤੇ, ਮਾਨੇ, ਤਣਿਆ ਜਾਂਦਾ ਹੈ।
55472	1291	ਆਪੇ ਬਖਸਿ ਮਿਲਾਏ ਸਦ ਕੁਰਬਾਣਿਆ॥		Aapae Bakhas Milaaeae Sadh Kurabaaniaa ||	He Himself has forgiven me, and united me with Himself; I am forever a sacrifice to Him.	ਮੈਂ ਪ੍ਰਭੂ ਤੋਂ ਸਦਕੇ ਹਾਂ, ਉਹ (ਗੁਰੂ ਦੀ ਰਾਹੀਂ) ਆਪ ਹੀ ਮਿਹਰ ਕਰ ਕੇ ਆਪਣੇ ਨਾਲ ਜੋੜ ਲੈਂਦਾ ਹੈ।
55473	1291	ਨਾਨਕ ਲਏ ਮਿਲਾਇ ਖਸਮੈ ਭਾਣਿਆ॥੨੭॥		Naanak Leae Milaae Khasamai Bhaaniaa ||27||	O Nanak, by the Pleasure of His Will, my Lord and Master has blended me with Himself. ||27||	ਹੇ ਨਾਨਕ! ਜੋ ਬੰਦੇ ਖਸਮ-ਪ੍ਰਭੂ ਨੂੰ ਪਿਆਰੇ ਲੱਗਦੇ ਹਨ ਉਹਨਾਂ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ ॥੨੭॥
55474	1291	ਸਲੋਕ ਮਃ ੧॥		Salok Ma 1 ||	Shalok, First Mehl:	

55475	1291	ਧੰਨੁ ਸੁ ਕਾਗਦੁ ਕਲਮ ਧੰਨੁ ਧਨੁ ਭਾਂਡਾ ਧਨੁ ਮਸੁ॥	ਮੱਸੁ	Dhhann S Kaagadh Kalam Dhhann Dhhan Bhaanddaa Dhhan Mas ||	Blessed is the paper, blessed is the pen, blessed is the inkwell, and blessed is the ink.	ਮੁਬਾਰਿਕ ਹੈ ਉਹ ਕਾਗ਼ਜ ਤੇ ਕਲਮ, ਮੁਬਾਰਿਕ ਹੈ ਉਹ ਦਵਾਤ ਤੇ ਸਿਆਹੀ;
55476	1291	ਧਨੁ ਲੇਖਾਰੀ ਨਾਨਕਾ ਜਿਨਿ ਨਾਮੁ ਲਿਖਾਇਆ ਸਚੁ॥੧॥		Dhhan Laekhaaree Naanakaa Jin Naam Likhaaeiaa Sach ||1||	Blessed is the writer, O Nanak, who writes the True Name. ||1||	ਤੇ, ਹੇ ਨਾਨਕ! ਮੁਬਾਰਿਕ ਹੈ ਉਹ ਲਿਖਣ ਵਾਲਾ ਜਿਸਨੇ ਪ੍ਰਭੂ ਦਾ ਸੱਚਾ ਨਾਮ ਲਿਖਾਇਆ (ਪ੍ਰਭੂ ਦੀ ਸਿਫ਼ਤ-ਸਾਲਾਹ ਲਿਖਾਈ) ॥੧॥
55477	1291	ਮਃ ੧॥		Ma 1 ||	First Mehl:	
55478	1291	ਆਪੇ ਪਟੀ ਕਲਮ ਆਪਿ ਉਪਰਿ ਲੇਖੁ ਭਿ ਤੂੰ॥		Aapae Pattee Kalam Aap Oupar Laekh Bh Thoon ||	You Yourself are the writing tablet, and You Yourself are the pen. You are also what is written on it.	(ਹੇ ਪ੍ਰਭੂ!) ਤੂੰ ਆਪ ਹੀ ਪੱਟੀ ਹੈਂ, ਤੂੰ ਆਪ ਹੀ ਕਲਮ ਹੈਂ, (ਪੱਟੀ ਉਤੇ ਸਿਫ਼ਤ-ਸਾਲਾਹ ਦਾ) ਲੇਖ ਭੀ ਤੂੰ ਆਪ ਹੀ ਹੈਂ।
55479	1291	ਏਕੋ ਕਹੀਐ ਨਾਨਕਾ ਦੂਜਾ ਕਾਹੇ ਕੂ॥੨॥		Eaeko Keheeai Naanakaa Dhoojaa Kaahae Koo ||2||	Speak of the One Lord, O Nanak; how could there be any other? ||2||	ਹੇ ਨਾਨਕ! (ਸਿਫ਼ਤ-ਸਾਲਾਹ ਕਰਨ ਕਾਰਣ ਵਾਲਾ) ਇੱਕ ਪ੍ਰਭੂ ਨੂੰ ਹੀ ਆਖਣਾ ਚਾਹੀਦਾ ਹੈ। ਕੋਈ ਹੋਰ ਦੂਜਾ ਕਿਵੇਂ ਹੋ ਸਕਦਾ ਹੈ? ॥੨॥
55480	1291	ਪਉੜੀ॥		Pourree ||	Pauree:	
55481	1291	ਤੂੰ ਆਪੇ ਆਪਿ ਵਰਤਦਾ ਆਪਿ ਬਣਤ ਬਣਾਈ॥		Thoon Aapae Aap Varathadhaa Aap Banath Banaaee ||	You Yourself are all-pervading; You Yourself made the making.	ਹੇ ਪ੍ਰਭੂ! ਜਗਤ ਦੀ ਬਣਤਰ ਤੂੰ ਆਪ ਬਣਾਈ ਹੈ ਤੇ ਤੂੰ ਆਪ ਹੀ ਇਸ ਵਿਚ ਹਰ ਥਾਂ ਮੌਜੂਦ ਹੈਂ;

55482	1291	ਤੁਧੁ ਬਿਨੁ ਦੂਜਾ ਕੋ ਨਹੀ ਤੂ ਰਹਿਆ ਸਮਾਈ॥		Thudhh Bin Dhoojaa Ko Nehee Thoo Rehiaa Samaaee ||	Without You, there is no other at all; You are permeating and pervading everywhere.	ਤੇਰੇ ਵਰਗਾ ਤੈਥੋਂ ਬਿਨਾ ਹੋਰ ਕੋਈ ਨਹੀਂ, ਤੂੰ ਹੀ ਹਰ ਥਾਂ ਗੁਪਤ ਵਰਤ ਰਿਹਾ ਹੈਂ।
55483	1291	ਤੇਰੀ ਗਤਿ ਮਿਤਿ ਤੂਹੈ ਜਾਣਦਾ ਤੁਧੁ ਕੀਮਤਿ ਪਾਈ॥		Thaeree Gath Mith Thoohai Jaanadhaa Thudhh Keemath Paaee ||	You alone know Your state and extent. Only You can estimate Your worth.	ਤੂੰ ਕਿਹੋ ਜਿਹਾ ਹੈਂ ਤੇ ਕੇਡਾ ਵੱਡਾ ਹੈਂ-ਇਹ ਗੱਲ ਤੂੰ ਆਪ ਹੀ ਜਾਣਦਾ ਹੈਂ, ਆਪਣਾ ਮੁੱਲ ਤੂੰ ਆਪ ਹੀ ਪਾ ਸਕਦਾ ਹੈਂ।
55484	1291	ਤੂ ਅਲਖ ਅਗੋਚਰੁ ਅਗਮੁ ਹੈ ਗੁਰਮਤਿ ਦਿਖਾਈ॥		Thoo Alakh Agochar Agam Hai Guramath Dhikhaaee ||	You are invisible, imperceptible and inaccessible. You are revealed through the Guru's Teachings.	ਤੂੰ ਅਦ੍ਰਿਸ਼ਟ ਹੈਂ, ਤੂੰ (ਮਾਨੁਖੀ) ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈਂ, ਤੂੰ ਅਪਹੁੰਚ ਹੈਂ, ਗੁਰੂ ਦੀ ਮੱਤ ਤੇਰਾ ਦੀਦਾਰ ਕਰਾਂਦੀ ਹੈ।
55485	1291	ਅੰਤਰਿ ਅਗਿਆਨੁ ਦੁਖੁ ਭਰਮੁ ਹੈ ਗੁਰ ਗਿਆਨਿ ਗਵਾਈ॥		Anthar Agiaan Dhukh Bharam Hai Gur Giaan Gavaaee ||	Deep within, there is ignorance, suffering and doubt; through the spiritual wisdom of the Guru, they are eradicated.	ਮਨੁੱਖ ਦੇ ਅੰਦਰ ਜੋ ਅਗਿਆਨ ਦੁੱਖ ਤੇ ਭਟਕਣਾ ਹੈ ਇਹ ਗੁਰੂ ਦੇ ਦਿੱਤੇ ਗਿਆਨ ਦੀ ਰਾਹੀਂ ਦੂਰ ਹੁੰਦੇ ਹਨ।
55486	1291	ਜਿਸੁ ਕ੍ਰਿਪਾ ਕਰਹਿ ਤਿਸੁ ਮੇਲਿ ਲੈਹਿ ਸੋ ਨਾਮੁ ਧਿਆਈ॥		Jis Kirapaa Karehi This Mael Laihi So Naam Dhhiaaee ||	He alone meditates on the Naam, whom You unite with Yourself, in Your Mercy.	ਹੇ ਪ੍ਰਭੂ! ਜਿਸ ਉਤੇ ਤੂੰ ਮਿਹਰ ਕਰਦਾ ਹੈਂ ਉਸ ਨੂੰ ਆਪਣੇ ਨਾਲ ਮਿਲਾ ਲੈਂਦਾ ਹੈਂ ਉਹ ਤੇਰਾ ਨਾਮ ਸਿਮਰਦਾ ਹੈ।

55487	1291	ਤੂ ਕਰਤਾ ਪੁਰਖੁ ਅਗੰਮੁ ਹੈ ਰਵਿਆ ਸਭ ਠਾਈ॥		Thoo Karathaa Purakh Aganm Hai Raviaa Sabh Thaaee ||	You are the Creator, the Inaccessible Primal Lord God; You are all-pervading everywhere.	ਤੂੰ ਸਭ ਦਾ ਬਣਾਣ ਵਾਲਾ ਹੈਂ, ਸਭ ਵਿਚ ਮੌਜੂਦ ਹੈਂ (ਫਿਰ ਭੀ) ਅਪਹੁੰਚ ਹੈਂ, ਤੇ ਹੈਂ ਸਭ ਥਾਈਂ ਵਿਆਪਕ।
55488	1291	ਜਿਤੁ ਤੂ ਲਾਇਹਿ ਸਚਿਆ ਤਿਤੁ ਕੋ ਲਗੈ ਨਾਨਕ ਗੁਣ ਗਾਈ॥੨੮॥੧॥ਸੁਧੁ ॥		Jith Thoo Laaeihi Sachiaa Thith Ko Lagai Naanak Gun Gaaee ||28||1|| Sudhh ||	To whatever You link the mortal, O True Lord, to that he is linked. Nanak sings Your Glorious Praises. ||28||1|| Sudh||	ਹੇ ਨਾਨਕ! ਹੇ ਸੱਚੇ ਪ੍ਰਭੂ! ਜਿਧਰ ਤੂੰ ਜੀਵ ਨੂੰ ਲਾਂਦਾ ਹੈਂ ਓਧਰ ਹੀ ਉਹ ਲੱਗਦਾ ਹੈ ਤੂੰ (ਜਿਸ ਨੂੰ ਪ੍ਰੇਰਦਾ ਹੈਂ) ਉਹੀ ਤੇਰੇ ਗੁਣ ਗਾਂਦਾ ਹੈ ॥੨੮॥੧॥ਸੁਧੁ
55489	1292	ਰਾਗੁ ਮਲਾਰ ਬਾਣੀ ਭਗਤ ਨਾਮਦੇਵ ਜੀਉ ਕੀ		Raag Malaar Baanee Bhagath Naamadhaev Jeeo Kee	Raag Malaar, The Word Of The Devotee Naam Dayv Jee:	ਰਾਗ ਮਲਾਰ ਵਿੱਚ ਭਗਤ ਨਾਮਦੇਵ ਜੀ ਦੀ ਬਾਣੀ।
55490	1292	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
55491	1292	ਸੇਵੀਲੇ ਗੋਪਾਲ ਰਾਇ ਅਕੁਲ ਨਿਰੰਜਨ॥	ਅ-ਕੁਲ: ਪੋਲਾ ਬੋਲੋ	Saeveelae Gopaal Raae Akul Niranjan ||	Serve the King, the Sovereign Lord of the World. He has no ancestry; He is immaculate and pure.	ਮੈਂ ਤਾਂ ਉਸ ਪ੍ਰਭੂ ਦਾ ਸਿਮਰਨ ਕੀਤਾ ਹੈ, ਜੋ ਸਾਰੀ ਸ੍ਰਿਸ਼ਟੀ ਦਾ ਰੱਖਿਅਕ ਹੈ, ਜਿਸ ਦੀ ਕੋਈ ਖ਼ਾਸ ਕੁਲ ਨਹੀਂ ਹੈ, ਜਿਸ ਉੱਤੇ ਮਾਇਆ ਆਪਣਾ ਪ੍ਰਭਾਵ ਨਹੀਂ ਪਾ ਸਕਦੀ,

55492	1292	ਭਗਤਿ ਦਾਨੁ ਦੀਜੈ ਜਾਚਹਿ ਸੰਤ ਜਨ॥੧॥ਰਹਾਉ॥		Bhagath Dhaan Dheejai Jaachehi Santh Jan ||1|| Rehaao ||	Please bless me with the gift of devotion, which the humble Saints beg for. ||1||Pause||	ਅਤੇ (ਜਿਸ ਦੇ ਦਰ ਤੇ) ਸਾਰੇ ਭਗਤ ਮੰਗਦੇ ਹਨ (ਅਤੇ ਆਖਦੇ ਹਨ ਕਿ ਹੇ ਦਾਤਾ! ਅਸਾਨੂੰ) ਆਪਣੀ ਭਗਤੀ ਦੀ ਦਾਤ ਬਖ਼ਸ਼ ॥੧॥ ਰਹਾਉ ॥
55493	1292	ਜਾਂਚੈ ਘਰਿ ਦਿਗ ਦਿਸੈ ਸਰਾਇਚਾ ਬੈਕੁੰਠ ਭਵਨ ਚਿਤ੍ਰ ਸਾਲਾ ਸਪਤ ਲੋਕ ਸਾਮਾਨਿ ਪੂਰੀਅਲੇ॥	ਜਾਂ-ਚੈ। (ਦਿਸੈ) ਦਸੋ ਦਿਸ਼ਾਂ (ਦਿਗ) ਪਾਲ। (ਸਰਾਇਚਾ) ਕਨਾਤਾਂ। (ਚਿਤ੍ਰ) ਚਿਤ੍ਰਕਾਰੀ ਵਾਲਾ (ਸਾਲਾ) ਘਰ (ਪੂਰੀਅਲੇ) ਪੁਰੀਆਂ ਹਨ। ਦਿਗ: ਪੋਲਾ ਬੋਲੋ	Jaan Chai Ghar Dhig Dhisai Saraaeichaa Baikunth Bhavan Chithrasaalaa Sapath Lok Saamaan Pooreealae ||	His Home is the pavilion seen in all directions; His ornamental heavenly realms fill the seven worlds alike.	(ਪਰਮਾਤਮਾ ਮਾਨੋ ਇਕ ਬੜਾ ਵੱਡਾ ਰਾਜਾ ਹੈ ਜਿਸ ਦਾ ਇਤਨਾ ਵੱਡਾ ਸ਼ਾਮੀਆਨਾ ਹੈ ਕਿ) ਇਹ ਚਾਰੇ ਦਿਸ਼ਾਂ (ਉਸ ਸ਼ਾਮੀਆਨੇ ਦੀ ਮਾਨੋ) ਕਨਾਤ ਹੈ, (ਰਾਜਿਆਂ ਦੇ ਰਾਜ-ਮਹਲਾਂ ਵਿਚ ਤਸਵੀਰ-ਘਰ ਹੁੰਦੇ ਹਨ, ਪਰਮਾਤਮਾ ਇਕ ਐਸਾ ਰਾਜਾ ਹੈ ਕਿ) ਸਾਰਾ ਬੈਕੁੰਠ ਉਸ ਦਾ (ਮਾਨੋ) ਤਸਵੀਰ-ਘਰ ਹੈ, ਅਤੇ ਸਾਰੇ ਹੀ ਜਗਤ ਵਿਚ ਉਸ ਦਾ ਹੁਕਮ ਇਕ-ਸਾਰ ਚੱਲ ਰਿਹਾ ਹੈ।

55494	1292	ਜਾਂਚੈ ਘਰਿ ਲਛਿਮੀ ਕੁਆਰੀ ਚੰਦੁ ਸੂਰਜੁ ਦੀਵੜੇ ਕਉਤਕੁ ਕਾਲੁ ਬਪੁੜਾ ਕੋਟਵਾਲੁ ਸੁ ਕਰਾ ਸਿਰੀ॥	ਜਾਂ-ਚੈ ਜਾ ਕੇ। ਕੁਆਰੀਦਾਸੀ। ਕਉਤਕੁਤਮਾਸ਼ ਬੀਨ। ਬਪੁੜਾਵਿਚਾਰਾ। ਸਿਰੀਮੱਥੇ ਦਾ ਲੇਖ (੨ ਸੁਕਰਾ)	Jaan Chai Ghar Lashhimee Kuaaree Chandh Sooraj Dheevarrae Kouthak Kaal Bapurraa Kottavaal S Karaa Siree ||	In His Home, the virgin Lakshmi dwells. The moon and the sun are His two lamps; the wretched Messenger of Death stages his dramas, and levies taxes on all.	(ਰਾਜਿਆਂ ਦੀਆਂ ਰਾਣੀਆਂ ਦਾ ਜੋਬਨ ਤਾਂ ਚਾਰ ਦਿਨ ਦਾ ਹੁੰਦਾ ਹੈ, ਪਰਮਾਤਮਾ ਇਕ ਐਸਾ ਰਾਜਾ ਹੈ) ਜਿਸ ਦੇ ਮਹਲ ਵਿਚ ਲੱਛਮੀ ਹੈ, ਜੋ ਸਦਾ ਜੁਆਨ ਰਹਿੰਦੀ ਹੈ (ਜਿਸ ਦਾ ਜੋਬਨ ਕਦੇ ਨਾਸ ਹੋਣ ਵਾਲਾ ਨਹੀਂ), ਇਹ ਚੰਦ ਸੂਰਜ (ਉਸ ਦੇ ਮਹਲ ਦੇ, ਮਾਨੋ) ਨਿੱਕੇ ਜਿਹੇ ਦੀਵੇ ਹਨ, ਜਿਸ ਕਾਲ ਦਾ ਹਾਲਾ ਹਰੇਕ ਜੀਵ ਦੇ ਸਿਰ ਉੱਤੇ ਹੈ (ਜਿਸ ਕਾਲ ਦਾ ਹਾਲਾ ਹਰੇਕ ਜੀਵ ਨੂੰ ਭਰਨਾ ਪੈਂਦਾ ਹੈ, ਜਿਸ ਕਾਲ ਤੋਂ ਜਗਤ ਦਾ ਹਰੇਕ ਜੀਵ ਥਰ-ਥਰ ਕੰਬਦਾ ਹੈ) ਤੇ ਜੋ ਕਾਲ (ਇਸ ਜਗਤ-ਰੂਪ ਸ਼ਹਿਰ ਦੇ ਸਿਰ ਉੱਤੇ) ਕੋਤਵਾਲ ਹੈ, ਉਹ ਕਾਲ ਵਿਚਾਰਾ (ਉਸ ਪਰਮਾਤਮਾ ਦੇ ਘਰ ਵਿਚ, ਮਾਨੋ, ਇਕ) ਖਿਡੌਣਾ ਹੈ-
55495	1292	ਸੁ ਐਸਾ ਰਾਜਾ ਸ੍ਰੀ ਨਰਹਰੀ॥੧॥		S Aisaa Raajaa Sree Nareharee ||1||	Such is my Sovereign Lord King, the Supreme Lord of all. ||1||	ਇਤਨਾ ਵੱਡਾ ਉਹ ਪਰਮਾਤਮਾ ਰਾਜਾ ਹੈ ॥੧॥

55496	1292	ਜਾਂਚੈ ਘਰਿ ਕੁਲਾਲੁ ਬ੍ਰਹਮਾ ਚਤੁਰ ਮੁਖੁ ਡਾਂਵੜਾ ਜਿਨਿ ਬਿਸ੍ਵ ਸੰਸਾਰੁ ਰਾਚੀਲੇ॥	(ਕੁਲਾਲੁ) ਘੁਮਿਆਰ। ਸ੍ਰੀਰਕ ਭਾਂਡੇ ਰੂਪੀ (ਡਾਂਵੜਾ) ਡੌਲਾਂ ਨੂੰ ਬਨੌਣ ਵਾਲੇ। (ਬਿਸ੍ਵ) ਸੰਪੂਰਨ। ਬਿਸ੍ਵ ਅੱਧਾ ਵਾਵਾ: ਪੋਲਾ ਬੋਲੋ , ਪੂਰਾ ਵਾਵਾ ਭਰਵਾਂ ਬੋਲੀਦਾ ਹ।ਰਾਚੀ-ਲੇ	Jaan Chai Ghar Kulaal Brehamaa Chathur Mukh Ddaanvarraa Jin Bisv Sansaar Raacheelae ||	In His House, the four-faced Brahma, the cosmic potter lives. He created the entire universe.	ਉਹ ਪਰਮਾਤਮਾ ਇਕ ਐਸਾ ਰਾਜਾ ਹੈ ਕਿ (ਲੋਕਾਂ ਦੇ ਖ਼ਿਆਲ ਅਨੁਸਾਰ) ਜਿਸ ਬ੍ਰਹਮਾ ਨੇ ਸਾਰਾ ਸੰਸਾਰ ਪੈਦਾ ਕੀਤਾ ਹੈ, ਚਾਰ ਮੂੰਹਾਂ ਵਾਲਾ ਉਹ ਬ੍ਰਹਮਾ ਭੀ ਉਸ ਦੇ ਘਰ ਵਿਚ ਭਾਂਡੇ ਘੜਨ ਵਾਲਾ ਇਕ ਕੁੰਭਿਆਰ ਹੀ ਹੈ (ਭਾਵ, ਉਸ ਪਰਮਾਤਮਾ ਦੇ ਸਾਹਮਣੇ ਲੋਕਾਂ ਦਾ ਮੰਨਿਆ ਹੋਇਆ ਬ੍ਰਹਮਾ ਭੀ ਇਤਨੀ ਹੀ ਹਸਤੀ ਰੱਖਦਾ ਹੈ ਜਿਤਨੀ ਕਿ ਕਿਸੇ ਪਿੰਡ ਦੇ ਚੌਧਰੀ ਦੇ ਸਾਹਮਣੇ ਪਿੰਡ ਦਾ ਗਰੀਬ ਕੁੰਭਿਆਰ)।
55497	1292	ਜਾਂ ਕੈ ਘਰਿ ਈਸਰੁ ਬਾਵਲਾ ਜਗਤ ਗੁਰੂ ਤਤ ਸਾਰਖਾ ਗਿਆਨੁ ਭਾਖੀਲੇ॥	(ਈਸਰੁ) ਸ਼ਿਵ ਜੀ। (ਬਾਵਲਾ) ਮਸਤਾਨੇ। (ਭਾਖੀਲੇ) ਆਖਦੇ। ਭਾਖੀ-ਲੇ	Jaan Kai Ghar Eesar Baavalaa Jagath Guroo Thath Saarakhaa Giaan Bhaakheelae ||	In His House, the insane Shiva, the Guru of the World, lives; he imparts spiritual wisdom to expain the essence of reality.	(ਇਹਨਾਂ ਲੋਕਾਂ ਦੀਆਂ ਨਜ਼ਰਾਂ ਵਿਚ ਤਾਂ) ਸ਼ਿਵ ਜੀ ਜਗਤ ਦਾ ਗੁਰੂ (ਹੈ), ਜਿਸ ਨੇ (ਜਗਤ ਦੇ ਜੀਵਾਂ ਵਾਸਤੇ) ਅਸਲ ਸਮਝਣ-ਜੋਗ ਉਪਦੇਸ਼ ਸੁਣਾਇਆ ਹੈ (ਭਾਵ, ਜੋ ਸਾਰੇ ਜੀਵਾਂ ਨੂੰ ਮੌਤ ਦਾ ਸੁਨੇਹਾ ਅਪੜਾਂਦਾ ਹੈ, ਜੋ ਸਭ ਜੀਵਾਂ ਦਾ ਨਾਸ ਕਰਦਾ ਮੰਨਿਆ ਜਾ ਰਿਹਾ ਹੈ), ਇਹ ਸ਼ਿਵ ਜੀ (ਸ੍ਰਿਸ਼ਟੀ ਦੇ ਮਾਲਕ) ਉਸ ਪਰਮਾਤਮਾ ਦੇ ਘਰ ਵਿਚ (ਮਾਨੋ) ਇਕ ਕਮਲਾ ਮਸਖ਼ਰਾ ਹੈ।

55498	1292	ਪਾਪੁ ਪੁੰਨੁ ਜਾਂਚੈ ਡਾਂਗੀਆ ਦੁਆਰੈ ਚਿਤ੍ਰ ਗੁਪਤੁ ਲੇਖੀਆ॥	(ਡਾਂਗੀਆ) ਚੋਬਦਾਰ	Paap Punn Jaan Chai Ddaangeeaa Dhuaarai Chithr Gupath Laekheeaa ||	Sin and virtue are the standard-bearers at His Door; Chitr and Gupt are the recording angels of the conscious and subconscious.	(ਰਾਜੇ ਲੋਕਾਂ ਦੇ ਰਾਜ-ਮਹਲਾਂ ਦੇ ਦਰਵਾਜ਼ੇ ਉੱਤੇ ਚੋਬਦਾਰ ਖੜੇ ਹੁੰਦੇ ਹਨ ਜੋ ਰਾਜਿਆਂ ਦੀ ਹਜ਼ੂਰੀ ਵਿਚ ਜਾਣ ਵਾਲਿਆਂ ਨੂੰ ਵਰਜਦੇ ਜਾਂ ਆਗਿਆ ਦੇਂਦੇ ਹਨ, ਘਟ ਘਟ ਵਿਚ ਵੱਸਣ ਵਾਲੇ ਰਾਜਨ-ਪ੍ਰਭੂ ਨੇ ਐਸਾ ਨਿਯਮ ਬਣਾਇਆ ਹੈ ਕਿ ਹਰੇਕ ਜੀਵ ਦਾ ਕੀਤਾ) ਚੰਗਾ ਜਾਂ ਮੰਦਾ ਕੰਮ ਉਸ ਪ੍ਰਭੂ ਦੇ ਮਹਲ ਦੇ ਦਰ ਤੇ ਚੋਬਦਾਰ ਹੈ (ਭਾਵ, ਹਰੇਕ ਜੀਵ ਦੇ ਅੰਦਰ ਹਿਰਦੇ-ਘਰ ਵਿਚ ਪ੍ਰਭੂ ਵੱਸ ਰਿਹਾ ਹੈ, ਪਰ ਜੀਵ ਦੇ ਆਪਣੇ ਕੀਤੇ ਚੰਗੇ ਮੰਦੇ ਕੰਮ ਹੀ ਉਸ ਪ੍ਰਭੂ ਤੋਂ ਵਿੱਥ ਕਰਾ ਦੇਂਦੇ ਹਨ)। ਜਿਸ ਚਿਤ੍ਰਗੁਪਤ ਦਾ ਸਹਿਮ ਹਰੇਕ ਜੀਵ ਨੂੰ ਲੱਗਾ ਹੋਇਆ ਹੈ, ਉਹ) ਚਿਤ੍ਰਗੁਪਤ ਉਸ ਦੇ ਘਰ ਇਕ ਮੁਨੀਮ (ਦੀ ਹਸਤੀ ਰੱਖਦਾ) ਹੈ।
55499	1292	ਧਰਮਰਾਇ ਪਰੁਲੀ ਪ੍ਰਤਿਹਾਰੁ॥	(ਪਰੁਲੀ) ਪਰਲੋਂ ਕਰਨ ਵਾਲੇ। (ਪ੍ਰਤਿਹਾਰੁ) ਦਾਸ, ਦਫ਼ਤਰੀ	Dhharam Raae Parulee Prathihaar ||	The Righteous Judge of Dharma, the Lord of Destruction, is the door-man.	(ਲੋਕਾਂ ਦੇ ਭਾਣੇ) ਪਰਲੋ ਲਿਆਉਣ ਵਾਲਾ ਧਰਮਰਾਜ ਉਸ ਪ੍ਰਭੂ ਦੇ ਮਹਲ ਦਾ ਇਕ (ਮਮੂਲੀ) ਦਰਬਾਨ ਹੈ,
55500	1292	ਸੋ ਐਸਾ ਰਾਜਾ ਸ੍ਰੀ ਗੋਪਾਲੁ॥੨॥		Suo Aisaa Raajaa Sree Gopaal ||2||	Such is the Supreme Sovereign Lord of the World. ||2||	ਸ੍ਰਿਸ਼ਟੀ ਦਾ ਮਾਲਕ ਉਹ ਪਰਮਾਤਮਾ ਇਕ ਐਸਾ ਰਾਜਾ ਹੈ ॥੨॥

55501	1292	ਜਾਂਚੈ ਘਰਿ ਗਣ ਗੰਧਰਬ ਰਿਖੀ ਬਪੁੜੇ ਢਾਢੀਆ ਗਾਵੰਤ ਆਛੈ॥	(ਆਛੈ) ਸੁੰਦਰ ਹਨ। ਗੰ-ਧਰਬ। ਬਪੁੱੜੇ	Jaan Chai Ghar Gan Gandhharab Rikhee Bapurrae Dtaadteeaa Gaavanth Aashhai ||	In His Home are the heavenly heralds, celestial singers, Rishis and poor minstrels, who sing so sweetly.	(ਉਹ ਪਰਮਾਤਮਾ ਇਕ ਐਸਾ ਰਾਜਾ ਹੈ) ਜਿਸ ਦੇ ਦਰ ਤੇ (ਸ਼ਿਵ ਜੀ ਦੇ) ਗਣ ਦੇਵਤਿਆਂ ਦੇ ਰਾਗੀ ਅਤੇ ਸਾਰੇ ਰਿਸ਼ੀ-ਇਹ ਵਿਚਾਰੇ ਢਾਢੀ (ਬਣ ਕੇ ਉਸ ਦੀਆਂ ਸਿਫ਼ਤਾਂ ਦੀਆਂ ਵਾਰਾਂ) ਗਾਉਂਦੇ ਹਨ।
55502	1292	ਸਰਬ ਸਾਸਤ੍ਰ ਬਹੁਰੂਪੀਆ ਅਨਗਰੂਆ ਆਖਾੜਾ ਮੰਡਲੀਕ ਬੋਲ ਬੋਲਹਿ ਕਾਛੇ॥	(ਬਹੁ-ਰੂਪੀਆ) ਬਟਰੂਪੀਆ। (ਅਨ-ਗਰੂਆ) ਭਾਰੀ। (ਆਖਾੜਾ) ਜਗ੍ਹਾ। (ਮੰਡਲੀਕ) ਰਾਜੇ। (ਕਾਛੇ) ਸੁੰਦਰ	Sarab Saasathr Bahu Roopeeaa Anagarooaa Aakhaarraa Manddaleek Bol Bolehi Kaashhae ||	All the Shaastras take various forms in His theater, singing beautiful songs.	ਸਾਰੇ ਸ਼ਾਸਤ੍ਰ (ਮਾਨੋ) ਬਹੁ-ਰੂਪੀਏ ਹਨ, (ਇਹ ਜਗਤ, ਮਾਨੋ, ਉਸ ਦਾ) ਨਿੱਕਾ ਜਿਹਾ ਅਖਾੜਾ ਹੈ, (ਇਸ ਜਗਤ ਦੇ) ਰਾਜੇ ਉਸ ਦਾ ਹਾਲਾ ਭਰਨ ਵਾਲੇ ਹਨ, (ਉਸ ਦੀ ਸਿਫ਼ਤ ਦੇ) ਸੁੰਦਰ ਬੋਲ ਬੋਲਦੇ ਹਨ।
55503	1292	ਚਉਰ ਢੂਲ ਜਾਂਚੈ ਹੈ ਪਵਣੁ॥		Chour Dtool Jaan Chai Hai Pavan ||	The wind waves the fly-brush over Him;	ਉਹ ਪ੍ਰਭੂ ਇਕ ਐਸਾ ਰਾਜਾ ਹੈ ਕਿ ਉਸ ਦੇ ਦਰ ਤੇ ਪਵਣ ਚਉਰ ਬਰਦਾਰ ਹੈ,
55504	1292	ਚੇਰੀ ਸਕਤਿ ਜੀਤਿ ਲੇ ਭਵਣੁ॥	(ਚੇਰੀ) ਦਾਸੀ। (ਸਕਤਿ) ਮਾਇਆ	Chaeree Sakath Jeeth Lae Bhavan ||	His hand-maiden is Maya, who has conquered the world.	ਮਾਇਆ ਉਸ ਦੀ ਦਾਸੀ ਹੈ ਜਿਸ ਨੇ ਸਾਰਾ ਜਗਤ ਜਿਤ ਲਿਆ ਹੈ,
55505	1292	ਅੰਡ ਟੂਕ ਜਾਚੈ ਭਸਮਤੀ॥	(ਅਮਡ) ੨੧ ਪੁਰੀਆਂ ਦੇ ਬ੍ਰਹਮੰਡ ਦਾ। (ਟੂਕ) ਟੁਕੜਾ, ਸਾਰੀ ਧਰਤੀ ਸੂਰਜ ਚੰਦ ਤਾਰੇ ਦਿਸ ਰਿਹਾ ਪਸਾਰਾ। (ਭਸ-ਮਤੀ) ਚੁੱਲ੍ਹਾ	Andd Ttook Jaa Chai Bhasamathee ||	The shell of the earth is His fireplace.	ਇਹ ਧਰਤੀ ਉਸ ਦੇ ਲੰਗਰ ਵਿਚ, ਮਾਨੋ, ਚੁੱਲ੍ਹਾ ਹੈ (ਭਾਵ, ਸਾਰੀ ਧਰਤੀ ਦੇ ਜੀਆਂ ਨੂੰ ਉਹ ਆਪ ਹੀ ਰਿਜ਼ਕ ਦੇਣ ਵਾਲਾ ਹੈ),

55506	1292	ਸੋ ਐਸਾ ਰਾਜਾ ਤ੍ਰਿਭਵਣ ਪਤੀ॥੩॥		Suo Aisaa Raajaa Thribhavan Pathee ||3||	Such is the Sovereign Lord of the three worlds. ||3||	ਤਿੰਨਾਂ ਭਵਨਾਂ ਦਾ ਮਾਲਕ ਪਰਮਾਤਮਾ ਇਕ ਐਸਾ ਰਾਜਾ ਹੈ ॥੩॥
55507	1292	ਜਾਂਚੈ ਘਰਿ ਕੂਰਮਾ ਪਾਲੁ ਸਹਸ੍ਰਫਨੀ ਬਾਸਕੁ ਸੇਜਵਾਲੂਆ॥	(ਕੂਰਮਾ) ਕੱਛ ਅਵਤਾਰ। (ਪਾਲੁ) ਪਲੰਘ। (ਸਹਸ੍ਰਫਨੀ) ਸ਼ੇਸ਼ਨਾਗ ਸੇਜਾ ਹੈ। (ਬਾਸਕੁ) ਨਾਗ। (ਸੇਜਵਾਲੂਆ) ਸੇਜ ਬੰਦ ਹੈ	Jaan Chai Ghar Kooramaa Paal Sehasr Fanee Baasak Saej Vaalooaa ||	In His Home, the celestial turtle is the bed-frame, woven with the strings of the thousand-headed snake.	(ਉਹ ਪ੍ਰਭੂ ਇਕ ਐਸਾ ਰਾਜਾ ਹੈ) ਕਿ ਵਿਸ਼ਨੂ ਦਾ ਕੱਛ-ਅਵਤਾਰ ਜਿਸ ਦੇ ਘਰ ਵਿਚ, ਮਾਨੋ, ਇਕ ਪਲੰਘ ਹੈ; ਹਜ਼ਾਰ ਫਣਾਂ ਵਾਲਾ ਸ਼ੇਸ਼ਨਾਗ ਜਿਸ ਦੀ ਸੇਜ ਦੀਆਂ ਤਣੀਆਂ (ਦਾ ਕੰਮ ਦੇਂਦਾ) ਹੈ;
55508	1292	ਅਠਾਰਹ ਭਾਰ ਬਨਾਸਪਤੀ ਮਾਲਣੀ ਛਿਨਵੈ ਕਰੋੜੀ ਮੇਘ ਮਾਲਾ ਪਾਣੀਹਾਰੀਆ॥	(ਪਾਣੀਹਾਰੀਆ) ਝਿਊਰੀਆਂ। ਛਿਨ–ਵੈ। ਮਾਲਾ: ਪੋਲਾ ਬੋਲੋ	Athaareh Bhaar Banaasapathee Maalanee Shhinavai Karorree Maegh Maalaa Paaneehaareeaa ||	His flower-girls are the eighteen loads of vegetation; His water-carriers are the nine hundred sixty million clouds.	ਜਗਤ ਦੀ ਸਾਰੀ ਬਨਸਪਤੀ (ਉਸ ਨੂੰ ਫੁੱਲ ਭੇਟ ਕਰਨ ਵਾਲੀ) ਮਾਲਣ ਹੈ, ਛਿਆਨਵੇ ਕਰੋੜ ਬੱਦਲ ਉਸ ਦਾ ਪਾਣੀ ਭਰਨ ਵਾਲੇ (ਨੌਕਰ) ਹਨ;
55509	1292	ਨਖ ਪ੍ਰਸੇਵ ਜਾਚੈ ਸੁਰਸਰੀ॥	(ਪ੍ਰਸੇਵ) ਮੁੜ੍ਹਕਾ। (ਸੁਰਸਰੀ) ਗੰਗਾ। ਨਖ: ਪੋਲਾ ਬੋਲੋ	Nakh Prasaev Jaa Chai Surasaree ||	His sweat is the Ganges River.	ਗੰਗਾ ਉਸ ਦੇ ਦਰ ਤੇ ਉਸ ਦੇ ਨਹੁੰਆਂ ਦਾ ਪਸੀਨਾ ਹੈ,
55510	1292	ਸਪਤ ਸਮੁੰਦ ਜਾਂਚੈ ਘੜਥਲੀ॥	(ਘੜਥਲੀ) ਘੜੇਸਨੀ (ਦੂਜਾ ਪਾਠ: ਘੜ ਥਲੀ)	Sapath Samundh Jaan Chai Gharrathhalee ||	The seven seas are His water-pitchers.	ਅਤੇ ਸੱਤੇ ਸਮੁੰਦਰ ਉਸ ਦੀ ਘੜਵੰਜੀ ਹਨ,

55511	1292	ਏਤੇ ਜੀਅ ਜਾਂ ਚੈ ਵਰਤਣੀ॥		Eaethae Jeea Jaan Chai Varathanee ||	The creatures of the world are His household utensils.	ਜਗਤ ਦੇ ਇਹ ਸਾਰੇ ਜੀਆ-ਜੰਤ ਉਸ ਦੇ ਭਾਂਡੇ ਹਨ,
55512	1292	ਸੋ ਐਸਾ ਰਾਜਾ ਤ੍ਰਿਭਵਣ ਧਣੀ॥੪॥		Suo Aisaa Raajaa Thribhavan Dhhanee ||4||	Such is the Sovereign Lord King of the three worlds. ||4||	ਐਸਾ ਰਾਜਾ ਹੈ ਤਿੰਨਾਂ ਭਵਨਾਂ ਦਾ ਮਾਲਕ ਉਹ ਪ੍ਰਭੂ ॥੪॥
55513	1292	ਜਾਂਚੈ ਘਰਿ ਨਿਕਟ ਵਰਤੀ ਅਰਜਨੁ ਧ੍ਰੂ ਪ੍ਰਹਲਾਦੁ ਅੰਬਰੀਕੁ ਨਾਰਦੁ ਨੇਜੈ ਸਿਧ ਬੁਧ ਗਣ ਗੰਧਰਬ ਬਾਨਵੈ ਹੇਲਾ॥	(ਨੇਜੈ) ਭੀਸਮ ਪਿਤਾਮਾ, ਨੇਜਾ ਭਗਤ। (ਬਾਨਵੈ) ਰਚਦੇ। (ਹੇਲਾ) ਕੌਤਕ। ਗੰ-ਧਰਬ	Jaan Chai Ghar Nikatt Varathee Arajan Dhhroo Prehalaadh Anbareek Naaradh Naejai Sidhh Budhh Gan Gandhharab Baanavai Haelaa ||	In His home are Arjuna, Dhroo, Prahlaad, Ambreek, Naarad, Nayjaa, the Siddhas and Buddhas, the ninety-two heavenly heralds and celestial singers in their wondrous play.	(ਉਹ ਪ੍ਰਭੂ ਇਕ ਐਸਾ ਰਾਜਾ ਹੈ) ਜਿਸ ਦੇ ਘਰ ਵਿਚ ਉਸ ਦੇ ਨੇੜੇ ਰਹਿਣ ਵਾਲੇ ਅਰਜਨ, ਪ੍ਰਹਿਲਾਦ, ਅੰਬ੍ਰੀਕ, ਨਾਰਦ, ਨੇਜੈ (ਜੋਗ-ਸਾਧਨਾ ਵਿਚ) ਪੁੱਗੇ ਹੋਏ ਜੋਗੀ, ਗਿਆਨਵਾਨ ਮਨੁੱਖ, ਸ਼ਿਵ ਜੀ ਦੇ ਗਣ ਦੇਵਤਿਆਂ ਦੇ ਰਾਗੀ, ਬਵੰਜਾ ਬੀਰ ਆਦਿਕ ਉਸ ਦੀ (ਇਕ ਸਧਾਰਨ ਜਿਹੀ) ਖੇਡ ਹਨ।
55514	1292	ਏਤੇ ਜੀਅ ਜਾਂਚੈ ਹਹਿ ਘਰੀ॥	ਘਰੀ: ਬਿੰਦੀ ਨਹੀਂ ਲਾਉਣੀ	Eaethae Jeea Jaan Chai Hehi Gharee ||	All the creatures of the world are in His House.	ਜਗਤ ਦੇ ਇਹ ਸਾਰੇ ਜੀਆ-ਜੰਤ ਉਸ ਪ੍ਰਭੂ ਦੇ ਘਰ ਵਿਚ ਹਨ,
55515	1292	ਸਰਬ ਬਿਆਪਿਕ ਅੰਤਰ ਹਰੀ॥		Sarab Biaapik Anthar Haree ||	The Lord is diffused in the inner beings of all.	ਉਹ ਹਰੀ-ਪ੍ਰਭੂ ਸਭ ਵਿਚ ਵਿਆਪਕ ਹੈ, ਸਭ ਦੇ ਅੰਦਰ ਵੱਸਦਾ ਹੈ।
55516	1292	ਪ੍ਰਣਵੈ ਨਾਮਦੇਉ ਤਾਂ ਚੀ ਆਣਿ॥		Pranavai Naamadhaeo Thaan Chee Aan ||	Prays Naam Dayv, seek His Protection.	ਨਾਮਦੇਵ ਬੇਨਤੀ ਕਰਦਾ ਹੈ- ਮੈਨੂੰ ਉਸ ਪਰਮਾਤਮਾ ਦੀ ਓਟ ਆਸਰਾ ਹੈ,

55517	1292	ਸਗਲ ਭਗਤ ਜਾ ਚੈ ਨੀਸਾਣਿ॥੫॥੧॥		Sagal Bhagath Jaa Chai Neesaan ||5||1||	All the devotees are His banner and insignia. ||5||1||	ਸਾਰੇ ਭਗਤ ਜਿਸ ਦੇ ਝੰਡੇ ਹੇਠ (ਅਨੰਦ ਮਾਣ ਰਹੇ) ਹਨ ॥੫॥੧॥
55518	1292	ਮਲਾਰ॥		Malaar ||	Malaar:	
55519	1292	ਮੋਕਉ ਤੂੰ ਨ ਬਿਸਾਰਿ ਤੂ ਨ ਬਿਸਾਰਿ॥		Mo Ko Thoon N Bisaar Thoo N Bisaar ||	Please do not forget me; please do not forget me,	(ਹੇ ਰਾਮ!) ਮੈਨੂੰ ਤੂੰ ਨਾ ਭੁਲਾਈਂ, ਮੈਨੂੰ ਤੂੰ ਨਾ ਵਿਸਾਰੀਂ,
55520	1292	ਤੂ ਨ ਬਿਸਾਰੇ ਰਾਮਈਆ॥੧॥ਰਹਾਉ॥	ਰਾ-ਮਈਆ	Thoo N Bisaarae Raameeaa ||1|| Rehaao ||	Please do not forget me, O Lord. ||1||Pause||	ਹੇ ਸੁਹਣੇ ਰਾਮ! ਮੈਨੂੰ ਤੂੰ ਨਾ ਵਿਸਾਰੀਂ ॥੧॥ ਰਹਾਉ ॥
55521	1292	ਆਲਾਵੰਤੀ ਇਹੁ ਭ੍ਰਮੁ ਜੋਹੈ ਮੁਝ ਊਪਰਿ ਸਭ ਕੋਪਿਲਾ॥	(ਆਲਾ-ਵੰਤੀ) (ਆਲਾ) ਮੰਦਰ, (ਵੰਤੀ) ਵਾਲੇ ਪੰਡੇ। (ਜੋਹੈ) ਤਾੜਦੇ ਹਨ। (ਕੋਪਿਲਾ) ਗੁੱਸੇ ਹੋ ਰਹੇ ਹਨ	Aalaavanthee Eihu Bhram Jo Hai Mujh Oopar Sabh Kopilaa ||	The temple priests have doubts about this, and everyone is furious with me.	(ਇਹਨਾਂ ਪਾਂਡਿਆਂ ਨੂੰ) ਇਹ ਵਹਿਮ ਹੈ ਕਿ ਇਹ ਉੱਚੀ ਜਾਤੀ ਵਾਲੇ ਹਨ, (ਇਸ ਕਰਕੇ ਇਹ) ਸਾਰੇ ਮੇਰੇ ਉੱਤੇ ਗੁੱਸੇ ਹੋ ਗਏ ਹਨ;
55522	1292	ਸੂਦੁ ਸੂਦੁ ਕਰਿ ਮਾਰਿ ਉਠਾਇਓ ਕਹਾ ਕਰਉ ਬਾਪ ਬੀਠੁਲਾ॥੧॥		Soodh Soodh Kar Maar Outhaaeiou Kehaa Karo Baap Beethulaa ||1||	Calling me low-caste and untouchable, they beat me and drove me out; what should I do now, O Beloved Father Lord? ||1||	ਸ਼ੂਦਰ ਸ਼ੂਦਰ ਆਖ ਆਖ ਕੇ ਤੇ ਮਾਰ-ਕੁਟਾਈ ਕਰ ਕੇ ਮੈਨੂੰ ਇਹਨਾਂ ਨੇ ਉਠਾਲ ਦਿੱਤਾ ਹੈ; ਹੇ ਮੇਰੇ ਬੀਠੁਲ ਪਿਤਾ! ਇਹਨਾਂ ਅੱਗੇ ਮੇਰੀ ਇਕੱਲੇ ਦੀ ਪੇਸ਼ ਨਹੀਂ ਜਾਂਦੀ ॥੧॥

55523	1292	ਮੂਏ ਹੂਏ ਜਉ ਮੁਕਤਿ ਦੇਹੁਗੇ ਮੁਕਤਿ ਨ ਜਾਨੈ ਕੋਇਲਾ॥	(ਕੋਇਲਾ) ਕੋਈ ਭੀ	Mooeae Hooeae Jo Mukath Dhaehugae Mukath N Jaanai Koeilaa ||	If You liberate me after I am dead, no one will know that I am liberated.	ਜੇ ਤੂੰ ਮੈਨੂੰ ਮਰਨ ਪਿੱਛੋਂ ਮੁਕਤੀ ਦੇ ਦਿੱਤੀ, ਤੇਰੀ ਦਿੱਤੀ ਹੋਈ ਮੁਕਤੀ ਦਾ ਕਿਸੇ ਨੂੰ ਪਤਾ ਨਹੀਂ ਲੱਗਣਾ;
55524	1292	ਏ ਪੰਡੀਆ ਮੋਕਉ ਢੇਢ ਕਹਤ ਤੇਰੀ ਪੈਜ ਪਿਛੰਉਡੀ ਹੋਇਲਾ॥੨॥	(ਢੇਢ) ਮੂਰਖ, ਨੀਚ, ਸ਼ੂਦ੍ਰ। (ਪੈਜ) ਪ੍ਰਸਿੱਧੀ, ਵਡਿਆਈ। (ਪਿ-ਛੰਉਡੀ) ਪਿੱਛੇ। (ਹੋਇਲਾ) ਹੋ ਰਹੀ ਹੈ	Eae Panddeeaa Mo Ko Dtaedt Kehath Thaeree Paij Pishhanouddee Hoeilaa ||2||	These Pandits, these religious scholars, call me low-born; when they say this, they tarnish Your honor as well. ||2||	ਇਹ ਪਾਂਡੇ ਮੈਨੂੰ ਨੀਚ ਆਖ ਰਹੇ ਹਨ, ਇਸ ਤਰ੍ਹਾਂ ਤਾਂ ਤੇਰੀ ਆਪਣੀ ਹੀ ਇੱਜ਼ਤ ਘੱਟ ਰਹੀ ਹੈ (ਕੀ ਤੇਰੀ ਬੰਦਗੀ ਕਰਨ ਵਾਲਾ ਕੋਈ ਬੰਦਾ ਨੀਚ ਰਹਿ ਸਕਦਾ ਹੈ?) ॥੨॥
55525	1292	ਤੂ ਜੁ ਦਇਆਲੁ ਕ੍ਰਿਪਾਲੁ ਕਹੀਅਤੁ ਹੈਂ ਅਤਿਭੁਜ ਭਇਓ ਅਪਾਰਲਾ॥		Thoo J Dhaeiaal Kirapaal Keheeath Hain Athibhuj Bhaeiou Apaaralaa ||	You are called kind and compassionate; the power of Your Arm is absolutely unrivalled.	(ਹੇ ਸੁਹਣੇ ਰਾਮ!) ਤੂੰ ਤਾਂ (ਸਭਨਾਂ ਉੱਤੇ, ਚਾਹੇ ਕੋਈ ਨੀਚ ਕੁਲ ਦਾ ਹੋਵੇ ਚਾਹੇ ਉੱਚੀ ਕੁਲ ਦਾ) ਦਇਆ ਕਰਨ ਵਾਲਾ ਹੈਂ, ਤੂੰ ਮਿਹਰ ਦਾ ਘਰ ਹੈਂ, (ਫਿਰ ਤੂੰ) ਹੈਂ ਭੀ ਬੜਾ ਬਲੀ ਤੇ ਬੇਅੰਤ। (ਕੀ ਤੇਰੇ ਸੇਵਕ ਉੱਤੇ ਕੋਈ ਤੇਰੀ ਮਰਜ਼ੀ ਤੋਂ ਬਿਨਾ ਧੱਕਾ ਕਰ ਸਕਦਾ ਹੈ?)
55526	1292	ਫੇਰਿ ਦੀਆ ਦੇਹੁਰਾ ਨਾਮੇ ਕਉ ਪੰਡੀਅਨ ਕਉ ਪਿਛਵਾਰਲਾ॥੩॥੨॥		Faer Dheeaa Dhaehuraa Naamae Ko Panddeean Ko Pishhavaaralaa ||3||2||	The Lord turned the temple around to face Naam Dayv; He turned His back on the Brahmins. ||3||2||	(ਮੇਰੀ ਨਾਮਦੇਵ ਦੀ ਅਰਜ਼ੋਈ ਸੁਣ ਕੇ ਪ੍ਰਭੂ ਨੇ) ਦੇਹੁਰਾ ਮੈਂ ਨਾਮਦੇਵ ਵਲ ਫੇਰ ਦਿੱਤਾ, ਤੇ ਪਾਂਡਿਆਂ ਵਲ ਪਿੱਠ ਹੋ ਗਈ ॥੩॥੨॥

55527	1293	ਮਲਾਰ ਬਾਣੀ ਭਗਤ ਰਵਿਦਾਸ ਜੀ ਕੀ		Malaar Baanee Bhagath Ravidhaas Jee Kee	Malaar, The Word Of The Devotee Ravi Daas Jee:	ਰਾਗ ਮਲਾਰ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ।
55528	1293	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
55529	1293	ਨਾਗਰ ਜਨਾਂ ਮੇਰੀ ਜਾਤਿ ਬਿਖਿਆਤ ਚੰਮਾਰੰ॥	(ਨੱਾਗਰ) ਚਤਰ ਵਿੱਦਵਾਨੋ। (ਬਿਖਿਆਤ) ਪ੍ਰਗਟ	Naagar Janaan Maeree Jaath Bikhiaath Chanmaaran ||	O humble townspeople, I am obviously just a shoemaker.	ਹੇ ਨਗਰ ਦੇ ਲੋਕੋ! ਇਹ ਗੱਲ ਤਾਂ ਮੰਨੀ-ਪ੍ਰਮੰਨੀ ਹੈ ਕਿ ਮੇਰੀ ਜਾਤ ਹੈ ਚਮਿਆਰ (ਜਿਸ ਨੂੰ ਤੁਸੀਂ ਲੋਕ ਬੜੀ ਨੀਵੀਂ ਸਮਝਦੇ ਹੋ)
55530	1293	ਰਿਦੈ ਰਾਮ ਗੋਬਿੰਦ ਗੁਨ ਸਾਰੰ॥੧॥ਰਹਾਉ॥		Ridhai Raam Gobindh Gun Saaran ||1|| Rehaao ||	In my heart I cherish the Glories of the Lord, the Lord of the Universe. ||1||Pause||	ਪਰ ਮੈਂ ਆਪਣੇ ਹਿਰਦੇ ਵਿਚ ਪ੍ਰਭੂ ਦੇ ਗੁਣ ਚੇਤੇ ਕਰਦਾ ਰਹਿੰਦਾ ਹਾਂ (ਇਸ ਵਾਸਤੇ ਮੈਂ ਨੀਚ ਨਹੀਂ ਰਹਿ ਗਿਆ) ॥੧॥ ਰਹਾਉ ॥
55531	1293	ਸੁਰਸਰੀ ਸਲਲ ਕ੍ਰਿਤ ਬਾਰੁਨੀ ਰੇ ਸੰਤ ਜਨ ਕਰਤ ਨਹੀ ਪਾਨੰ॥	(ਕ੍ਰਿਤ) ਕੀਤੀ। (ਬਾਰੁਨੀ) ਸ਼ਰਾਬ	Surasaree Salal Kirath Baarunee Rae Santh Jan Karath Nehee Paanan ||	Even if wine is made from the water of the Ganges, O Saints, do not drink it.	ਹੇ ਭਾਈ! ਗੰਗਾ ਦੇ (ਭੀ) ਪਾਣੀ ਤੋਂ ਬਣਾਇਆ ਹੋਇਆ ਸ਼ਰਾਬ ਗੁਰਮੁਖਿ ਲੋਕ ਨਹੀਂ ਪੀਂਦੇ (ਭਾਵ, ਉਹ ਸ਼ਰਾਬ ਗ੍ਰਹਿਣ-ਕਰਨ-ਜੋਗ ਨਹੀਂ; ਇਸੇ ਤਰ੍ਹਾਂ ਅਹੰਕਾਰ ਭੀ ਅਉਗਣ ਹੀ ਹੈ, ਚਾਹੇ ਉਹ ਉੱਚੀ ਪਵਿਤ੍ਰ ਜਾਤ ਦਾ ਕੀਤਾ ਜਾਏ),

55532	1293	ਸੁਰਾ ਅਪਵਿਤ੍ਰ ਨਤ ਅਵਰ ਜਲ ਰੇ ਸੁਰਸਰੀ ਮਿਲਤ ਨਹਿ ਹੋਇ ਆਨੰ॥੧॥	ਨਤ:ਪੋਲਾ ਬੋਲੋ। (ਨਤ) ਅਥਵਾ। (ਆਨ) ਹੋਰ	Suraa Apavithr Nath Avar Jal Rae Surasaree Milath Nehi Hoe Aanan ||1||	This wine, and any other polluted water which mixes with the Ganges, is not separate from it. ||1||	ਪਰ ਹੇ ਭਾਈ! ਅਪਵਿਤ੍ਰ ਸ਼ਰਾਬ ਅਤੇ ਭਾਵੇਂ ਹੋਰ (ਗੰਦੇ) ਪਾਣੀ ਭੀ ਹੋਣ ਉਹ ਗੰਗਾ (ਦੇ ਪਾਣੀ) ਵਿਚ ਮਿਲ ਕੇ (ਉਸ ਤੋਂ) ਵੱਖਰੇ ਨਹੀਂ ਰਹਿ ਜਾਂਦੇ (ਇਸੇ ਤਰ੍ਹਾਂ ਨੀਵੀਂ ਕੁਲ ਦਾ ਬੰਦਾ ਭੀ ਪਰਮ ਪਵਿਤ੍ਰ ਪ੍ਰਭੂ ਵਿਚ ਜੁੜ ਕੇ ਉਸ ਤੋਂ ਵੱਖਰਾ ਨਹੀਂ ਰਹਿ ਜਾਂਦਾ) ॥੧॥
55533	1293	ਤਰ ਤਾਰਿ ਅਪਵਿਤ੍ਰ ਕਰਿ ਮਾਨੀਐ ਰੇ ਜੈਸੇ ਕਾਗਰਾ ਕਰਤ ਬੀਚਾਰੰ॥	ਕੱਾਗਰਾ	Thar Thaar Apavithr Kar Maaneeai Rae Jaisae Kaagaraa Karath Beechaaran ||	The palmyra palm tree is considered impure, and so its leaves are considered impure as well.	ਤਾੜੀ ਦੇ ਰੁੱਖ ਅਪਵਿਤ੍ਰ ਮੰਨੇ ਜਾਂਦੇ ਹਨ, ਉਸੇ ਤਰ੍ਹਾਂ ਹੀ ਉਹਨਾਂ ਰੁੱਖਾਂ ਤੋਂ ਬਣੇ ਹੋਏ ਕਾਗ਼ਜ਼ਾਂ ਬਾਰੇ ਲੋਕ ਵਿਚਾਰ ਕਰਦੇ ਹਨ (ਭਾਵ, ਉਹਨਾਂ ਕਾਗ਼ਜ਼ਾਂ ਨੂੰ ਭੀ ਅਪਵਿਤ੍ਰ ਸਮਝਦੇ ਹਨ),
55534	1293	ਭਗਤਿ ਭਾਗਉਤੁ ਲਿਖੀਐ ਤਿਹ ਊਪਰੇ ਪੂਜੀਐ ਕਰਿ ਨਮਸਕਾਰੰ॥੨॥		Bhagath Bhaagouth Likheeai Thih Ooparae Poojeeai Kar Namasakaaran ||2||	But if devotional prayers are written on paper made from its leaves, then people bow in reverence and worship before it. ||2||	ਪਰ ਜਦੋਂ ਭਗਵਾਨ ਦੀ ਸਿਫ਼ਤ-ਸਾਲਾਹ ਉਹਨਾਂ ਉਤੇ ਲਿਖੀ ਜਾਂਦੀ ਹੈ ਤਾਂ ਉਹਨਾਂ ਦੀ ਪੂਜਾ ਕੀਤੀ ਜਾਂਦੀ ਹੈ ॥੨॥

55535	1293	ਮੇਰੀ ਜਾਤਿ ਕੁਟ ਬਾਂਢਲਾ ਢੋਰ ਢੋਵੰਤਾ ਨਿਤਹਿ ਬਾਨਾਰਸੀ ਆਸ ਪਾਸਾ॥	(ਕੁਟ) ਕੁੱਟਣ ਵਾਲੀ। (ਬਾਂਢਲਾ) ਵੱਢਣ ਵਾਲੀ। (ਢੋਰ) ਮੁਰਦਾ ਪਸ਼ੂਆਂ ਨੂੰ। ਬਾ-ਨਾਰਸੀ	Maeree Jaath Kutt Baandtalaa Dtor Dtovanthaa Nithehi Baanaarasee Aas Paasaa ||	It is my occupation to prepare and cut leather; each day, I carry the carcasses out of the city.	ਮੇਰੀ ਜਾਤ ਦੇ ਲੋਕ (ਚੰਮ) ਕੁੱਟਣ ਤੇ ਵੱਢਣ ਵਾਲੇ ਬਨਾਰਸ ਦੇ ਆਲੇ-ਦੁਆਲੇ (ਰਹਿੰਦੇ ਹਨ, ਤੇ) ਨਿੱਤ ਮੋਏ ਪਸ਼ੂ ਢੋਂਦੇ ਹਨ;
55536	1293	ਅਬ ਬਿਪ੍ਰ ਪਰਧਾਨ ਤਿਹਿ ਕਰਹਿ ਡੰਡਉਤਿ ਤੇਰੇ ਨਾਮ ਸਰਣਾਇ ਰਵਿਦਾਸੁ ਦਾਸਾ॥੩॥੧॥	ਬਿੱਪ੍ਰ	Ab Bipr Paradhhaan Thihi Karehi Ddanddouth Thaerae Naam Saranaae Ravidhaas Dhaasaa ||3||1||	Now, the important Brahmins of the city bow down before me; Ravi Daas, Your slave, seeks the Sanctuary of Your Name. ||3||1||	ਪਰ (ਹੇ ਪ੍ਰਭੂ!) ਉਸੇ ਕੁਲ ਵਿਚ ਜੰਮਿਆ ਹੋਇਆ ਤੇਰਾ ਸੇਵਕ ਰਵਿਦਾਸ ਤੇਰੇ ਨਾਮ ਦੀ ਸ਼ਰਨ ਆਇਆ ਹੈ, ਉਸ ਨੂੰ ਹੁਣ ਵੱਡੇ ਵੱਡੇ ਬ੍ਰਾਹਮਣ ਨਮਸਕਾਰ ਕਰਦੇ ਹਨ ॥੩॥੧॥
55537	1293	ਮਲਾਰ॥		Malaar ||	Malaar:	
55538	1293	ਹਰਿ ਜਪਤ ਤੇਊ ਜਨਾਂ ਪਦਮ ਕਵਲਾਸ ਪਤਿ ਤਾਸ ਸਮ ਤੁਲਿ ਨਹੀ ਆਨ ਕੋਊ॥	(ਪਦਮ) ਬ੍ਰਹਮਾ। (ਕਵਲਾਸ) ਕੈਲਾਸ਼ ਪਰਬਤ ਦੇ (ਪਤਿ) ਪਤੀ ਸ਼ਿਵਜੀ ਆਦਿ ਨਾਮ ਜਪਣ ਵਾਲੇ ਦੇ ਬਰਾਬਰ, (ਕੋਊ) ਹੋਰ ਕੋਈ ਨਹੀਂ	Har Japath Thaeoo Janaa Padham Kavalaas Path Thaas Sam Thul Nehee Aan Kooo ||	Those humble beings who meditate on the Lord's Lotus Feet - none are equal to them.	ਜੋ ਮਨੁੱਖ ਮਾਇਆ ਦੇ ਪਤੀ ਪਰਮਾਤਮਾ ਨੂੰ ਸਿਮਰਦੇ ਹਨ, ਉਹ ਪ੍ਰਭੂ ਦੇ (ਅਨਿੰਨ) ਸੇਵਕ ਬਣ ਜਾਂਦੇ ਹਨ, ਉਹਨਾਂ ਨੂੰ ਉਸ ਪ੍ਰਭੂ ਵਰਗਾ, ਉਸ ਪ੍ਰਭੂ ਦੇ ਬਰਾਬਰ ਦਾ, ਕੋਈ ਹੋਰ ਨਹੀਂ ਦਿੱਸਦਾ। (ਇਸ ਵਾਸਤੇ ਉਹ ਕਿਸੇ ਦਾ ਦਬਾ ਨਹੀਂ ਮੰਨਦੇ)।

55539	1293	ੲੇਕ ਹੀ ੲੇਕ ਅਨੇਕ ਹੋਇ ਬਿਸਥਰਿਓ ਆਨ ਰੇ ਆਨ ਭਰਪੂਰਿ ਸੋਊ॥ਰਹਾਉ॥	ਬਿਸ-ਥਰਿਓ	Eaek Hee Eaek Anaek Hoe Bisathhariou Aan Rae Aan Bharapoor Sooo || Rehaao ||	The Lord is One, but He is diffused in many forms. Bring in, bring in, that All-pervading Lord. ||Pause||	ਹੇ ਭਾਈ! ਉਹਨਾਂ ਨੂੰ ਇਕ ਪਰਮਾਤਮਾ ਹੀ ਅਨੇਕ ਰੂਪਾਂ ਵਿਚ ਵਿਆਪਕ, ਘਟ ਘਟ ਵਿਚ ਭਰਪੂਰ ਦਿੱਸਦਾ ਹੈ ॥ ਰਹਾਉ॥
55540	1293	ਜਾ ਕੈ ਭਾਗਵਤੁ ਲੇਖੀਐ ਅਵਰੁ ਨਹੀ ਪੇਖੀਐ ਤਾਸ ਕੀ ਜਾਤਿ ਆਛੋਪ ਛੀਪਾ॥	(ਆਛੋਪ) ਨਾ ਛੋਹਣ ਵਾਲੀ	Jaa Kai Bhaagavath Laekheeai Avar Nehee Paekheeai Thaas Kee Jaath Aashhop Shheepaa ||	He who writes the Praises of the Lord God, and sees nothing else at all, is a low-class, untouchable fabric-dyer by trade.	ਜਿਸ (ਨਾਮਦੇਵ) ਦੇ ਘਰ ਵਿਚ ਪ੍ਰਭੂ ਦੀ ਸਿਫ਼ਤ-ਸਾਲਾਹ ਲਿਖੀ ਜਾ ਰਹੀ ਹੈ, (ਪ੍ਰਭੂ-ਨਾਮ ਤੋਂ ਬਿਨਾ) ਕੁਝ ਹੋਰ ਵੇਖਣ ਵਿਚ ਨਹੀਂ ਆਉਂਦਾ (ਉੱਚੀ ਜਾਤ ਵਾਲਿਆਂ ਦੇ ਭਾਣੇ) ਉਸ ਦੀ ਜਾਤ ਛੀਂਬਾ ਹੈ ਤੇ ਉਹ ਅਛੂਤ ਹੈ (ਪਰ ਉਸ ਦੀ ਵਡਿਆਈ ਤਿੰਨ ਲੋਕਾਂ ਵਿਚ ਹੋ ਰਹੀ ਹੈ);
55541	1293	ਬਿਆਸ ਮਹਿ ਲੇਖੀਐ ਸਨਕ ਮਹਿ ਪੇਖੀਐ ਨਾਮ ਕੀ ਨਾਮਨਾ ਸਪਤ ਦੀਪਾ॥੧॥	ਬਿਆਸ ਜੀ ਮਛੋਦ੍ਰੀ ਤੋਂ ਜੰਮੇ ਸਨ। (ਨਾਮਨਾ) ਮਹਿਮਾ	Biaas Mehi Laekheeai Sanak Mehi Paekheeai Naam Kee Naamanaa Sapath Dheepaa ||1||	The Glory of the Name is seen in the writings of Vyaas and Sanak, throughout the seven continents. ||1||	ਬਿਆਸ (ਦੇ ਧਰਮ-ਪੁਸਤਕ) ਵਿਚ ਲਿਖਿਆ ਮਿਲਦਾ ਹੈ, ਸਨਕ (ਆਦਿਕ ਦੇ ਪੁਸਤਕ) ਵਿਚ ਭੀ ਵੇਖਣ ਵਿਚ ਆਉਂਦਾ ਹੈ ਕਿ ਹਰੀ-ਨਾਮ ਦੀ ਵਡਿਆਈ ਸਾਰੇ ਸੰਸਾਰ ਵਿਚ ਹੁੰਦੀ ਹੈ ॥੧॥

55542	1293	ਜਾ ਕੈ ਈਦਿ ਬਕਰੀਦਿ ਕੁਲ ਗਊ ਰੇ ਬਧੁ ਕਰਹਿ ਮਾਨੀਅਹਿ ਸੇਖ ਸਹੀਦ ਪੀਰਾ॥	(ਈਦਿ) ਰੋਜ਼ਿਆਂ ਦੀ ਸਮਾਪਤੀ ਵਾਲਾ ਦਿਨ। ਹਰ ਤਿਉਹਾਰ ਤੇ। (ਬਕਰੀਦਿ) ਉਹ ਤਿਉਹਾਰ ਜਿਸ ਚ ਗਊ ਨੂੰ ਕੋਹਿਆ ਜਾਵੇ। (ਬਧੁ) ਮਾਰਨਾ ਕਰਦੇ ਹਨ। ਮੁਸਲਮਾਨਾਂ ਦੀ ਇੱਕ ਜਾਤੀ ਦੇ ਵਿੱਦਵਾਨ (ਸੇਖ)। (ਸਹੀਦ) ਹਸਨ ਹੁਸੈਨ ਆਦਿ। ਕੁਲ: ਪੋਲਾ ਬੋਲੋ, ਮਾਨੀ-ਅਹਿ	Jaa Kai Eedh Bakareedh Kul Goo Rae Badhh Karehi Maaneeahi Saekh Seheedh Peeraa ||	And he whose family used to kill cows at the festivals of Eed and Bakareed, who worshipped Shayks, martyrs and spiritual teachers,	ਜਿਸ (ਕਬੀਰ) ਦੀ ਜਾਤ ਦੇ ਲੋਕ (ਮੁਸਲਮਾਨ ਬਣ ਕੇ) ਈਦ ਬਕਰੀਦ ਦੇ ਸਮੇ (ਹੁਣ) ਗਊਆਂ ਹਲਾਲ ਕਰਦੇ ਹਨ ਅਤੇ ਜਿਨ੍ਹਾਂ ਦੀ ਘਰੀਂ ਹੁਣ ਸੇਖਾਂ ਸ਼ਹੀਦਾਂ ਤੇ ਪੀਰਾਂ ਦੀ ਮਾਨਤਾ ਹੁੰਦੀ ਹੈ,
55543	1293	ਜਾ ਕੈ ਬਾਪ ਵੈਸੀ ਕਰੀ ਪੂਤ ਐਸੀ ਸਰੀ ਤਿਹੂ ਰੇ ਲੋਕ ਪਰਸਿਧ ਕਬੀਰਾ॥੨॥	ਕਬੀਰ ਦੇ ਬਾਪ ਨੂਰ ਅਲੀ ਦੇ ਸਪੂਤ ਕਬੀਰ।ਪਰ-ਸਿੱਧ	Jaa Kai Baap Vaisee Karee Pooth Aisee Saree Thihoo Rae Lok Parasidhh Kabeeraa ||2||	Whose father used to do such things - his son Kabeer became so successful that he is now famous throughout the three worlds. ||2||	ਜਿਸ (ਕਬੀਰ) ਦੀ ਜਾਤ ਦੇ ਵੱਡਿਆਂ ਨੇ ਇਹ ਕਰ ਵਿਖਾਈ, ਉਹਨਾਂ ਦੀ ਹੀ ਜਾਤ ਵਿਚ ਜੰਮੇ ਪੁੱਤਰ ਤੋਂ ਅਜਿਹੀ ਸਰ ਆਈ (ਕਿ ਮੁਸਲਮਾਨੀ ਹਕੂਮਤ ਦੇ ਦਬਾ ਤੋਂ ਨਿਡਰ ਰਹਿ ਕੇ ਹਰੀ-ਨਾਮ ਸਿਮਰ ਕੇ) ਸਾਰੇ ਸੰਸਾਰ ਵਿਚ ਮਸ਼ਹੂਰ ਹੋ ਗਿਆ ॥੨॥

55544	1293	ਜਾ ਕੇ ਕੁਟੰਬ ਕੇ ਢੇਢ ਸਭ ਢੋਰ ਢੋਵੰਤ ਫਿਰਹਿ ਅਜਹੁ ਬੰਨਾਰਸੀ ਆਸ ਪਾਸਾ॥	(ਢੇਢ) ਨੀਚ। (ਢੋਰ) ਮੁਰਦੇ ਪਸ਼ੂ	Jaa Kae Kuttanb Kae Dtaedt Sabh Dtor Dtovanth Firehi Ajahu Bannaarasee Aas Paasaa ||	And all the leather-workers in those families still go around Benares removing the dead cattle	ਜਿਸ ਦੇ ਖ਼ਾਨਦਾਨ ਦੇ ਨੀਚ ਲੋਕ ਬਨਾਰਸ ਦੇ ਆਸੇ-ਪਾਸੇ (ਵੱਸਦੇ ਹਨ ਤੇ) ਅਜੇ ਤਕ ਮੋਏ ਹੋਏ ਪਸ਼ੂ ਢੋਂਦੇ ਹਨ,
55545	1293	ਆਚਾਰ ਸਹਿਤ ਬਿਪ੍ਰ ਕਰਹਿ ਡੰਡਉਤਿ ਤਿਨ ਤਨੈ ਰਵਿਦਾਸ ਦਾਸਾਨ ਦਾਸਾ॥੩॥੨॥	(ਤਨੈ) ਪੁੱਤ੍ਰ	Aachaar Sehith Bipr Karehi Ddanddouth Thin Thanai Ravidhaas Dhaasaan Dhaasaa ||3||2||	- the ritualistic Brahmins bow in reverence before their son Ravi Daas, the slave of the Lord's slaves. ||3||2||	ਉਹਨਾਂ ਦੀ ਕੁਲ ਵਿਚ ਜੰਮੇ ਪੁੱਤਰ ਰਵਿਦਾਸ ਨੂੰ, ਜੋ ਪ੍ਰਭੂ ਦੇ ਦਾਸਾਂ ਦਾ ਦਾਸ ਬਣ ਗਿਆ ਹੈ, ਸ਼ਾਸਤ੍ਰਾਂ ਦੀ ਮਰਯਾਦਾ ਅਨੁਸਾਰ ਤੁਰਨ ਵਾਲੇ ਬ੍ਰਾਹਮਣ ਨਮਸਕਾਰ ਕਰਦੇ ਹਨ ॥੩॥੨॥
55546	1293	ਮਲਾਰ		Malaara	Malaar:	ਰਾਗ ਮਲਾਰ।
55547	1293	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
55548	1293	ਮਿਲਤ ਪਿਆਰੋ ਪ੍ਰਾਨ ਨਾਥੁ ਕਵਨ ਭਗਤਿ ਤੇ॥		Milath Piaaro Praan Naathh Kavan Bhagath Thae ||	What sort of devotional worship will lead me to meet my Beloved, the Lord of my breath of life?	ਜਿੰਦ ਦਾ ਸਾਈਂ ਪਿਆਰਾ ਪ੍ਰਭੂ ਕਿਸੇ ਹੋਰ ਤਰ੍ਹਾਂ ਦੀ ਭਗਤੀ ਨਾਲ ਨਹੀਂ ਸੀ ਮਿਲ ਸਕਦਾ

55549	1293	ਸਾਧਸੰਗਤਿ ਪਾਈ ਪਰਮਗਤੇ॥ਰਹਾਉ॥		Saadhhasangath Paaee Param Gathae || Rehaao ||	In the Saadh Sangat, the Company of the Holy, I have obtained the supreme status. ||Pause||	ਸਾਧ ਸੰਗਤ ਵਿਚ ਅੱਪੜ ਕੇ ਮੈਂ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲਈ ਹੈ ॥ ਰਹਾਉ॥
55550	1293	ਮੈਲੇ ਕਪਰੇ ਕਹਾ ਲਉ ਧੋਵਉ॥		Mailae Kaparae Kehaa Lo Dhhovo ||	How long shall I wash these dirty clothes?	(ਸਾਧ ਸੰਗਤ ਦੀ ਬਰਕਤਿ ਨਾਲ) ਹੁਣ ਮੈਂ ਪਰਾਈ ਨਿੰਦਿਆ ਕਰਨੀ ਛੱਡ ਦਿੱਤੀ ਹੈ,
55551	1293	ਆਵੈਗੀ ਨੀਦ ਕਹਾ ਲਗੁ ਸੋਵਉ॥੧॥		Aavaigee Needh Kehaa Lag Sovo ||1||	How long shall I remain asleep? ||1||	(ਸਤਸੰਗ ਵਿਚ ਰਹਿਣ ਕਰਕੇ) ਨਾਹ ਮੈਨੂੰ ਅਗਿਆਨਤਾ ਦੀ ਨੀਂਦ ਆਵੇਗੀ ਅਤੇ ਨਾਹ ਹੀ ਮੈਂ ਗ਼ਾਫ਼ਲ ਹੋਵਾਂਗਾ ॥੧॥
55552	1293	ਜੋਈ ਜੋਈ ਜੋਰਿਓ ਸੋਈ ਸੋਈ ਫਾਟਿਓ॥		Joee Joee Joriou Soee Soee Faattiou ||	Whatever I was attached to, has perished.	(ਸਾਧ ਸੰਗਤ ਵਿਚ ਆਉਣ ਤੋਂ ਪਹਿਲਾਂ) ਮੈਂ ਜਿਤਨੀ ਕੁ ਮੰਦ-ਕਰਮਾਂ ਦੀ ਕਮਾਈ ਕੀਤੀ ਹੋਈ ਸੀ (ਸਤਸੰਗ ਵਿਚ ਆ ਕੇ) ਉਸ ਸਾਰੀ ਦੀ ਸਾਰੀ ਦਾ ਲੇਖਾ ਮੁੱਕ ਗਿਆ ਹੈ,
55553	1293	ਝੂਠੈ ਬਨਜਿ ਉਠਿ ਹੀ ਗਈ ਹਾਟਿਓ॥੨॥	(ਬਨਜਿ) ਵਪਾਰ। ਔਗੁਣ, ਕੁਸੰਗਤ ਰੂਪੀ (ਹਾਟਿਓ) ਹੱਟੀ	Jhoothai Banaj Outh Hee Gee Haattiou ||2||	The shop of false merchandise has closed down. ||2||	ਝੂਠੇ ਵਣਜ ਵਿਚ (ਲੱਗ ਕੇ ਮੈਂ ਜੋ ਹੱਟੀ ਪਾਈ ਹੋਈ ਸੀ, ਸਾਧ ਸੰਗਤ ਦੀ ਕਿਰਪਾ ਨਾਲ) ਉਹ ਹੱਟੀ ਹੀ ਉੱਠ ਗਈ ਹੈ ॥੨॥
55554	1293	ਕਹੁ ਰਵਿਦਾਸ ਭਇਓ ਜਬ ਲੇਖੋ॥		Kahu Ravidhaas Bhaeiou Jab Laekho ||	Says Ravi Daas, when the account is called for and given,	(ਇਹ ਤਬਦੀਲੀ ਕਿਵੇਂ ਆਈ?) ਰਵਿਦਾਸ ਆਖਦਾ ਹੈ- (ਸਾਧ ਸੰਗਤ ਵਿਚ ਆ ਕੇ) ਜਦੋਂ ਮੈਂ ਆਪੇ ਵਲ ਝਾਤ ਮਾਰੀ,

55555	1293	ਜੋਈ ਜੋਈ ਕੀਨੋ ਸੋਈ ਸੋਈ ਦੇਖਿਓ॥੩॥੧॥੩॥		Joee Joee Keeno Soee Soee Dhaekhiou ||3||1||3||	Whatever the mortal has done, he shall see. ||3||1||3||	ਤਾਂ ਜੋ ਜੋ ਕਰਮ ਮੈਂ ਕੀਤਾ ਹੋਇਆ ਸੀ ਉਹ ਸਭ ਕੁਝ ਪ੍ਰਤੱਖ ਦਿੱਸ ਪਿਆ (ਤੇ ਮੈਂ ਮੰਦੇ ਕਰਮਾਂ ਤੋਂ ਸ਼ਰਮਾ ਕੇ ਇਹਨਾਂ ਵਲੋਂ ਹਟ ਗਿਆ) ॥੩॥੧॥੩॥
55556	1294	ਰਾਗੁ ਕਾਨੜਾ ਚਉਪਦੇ ਮਹਲਾ ੪ ਘਰੁ ੧		Raag Kaanarraa Choupadhae Mehalaa 4 Ghar 1	Raag Kaanraa, Chau-Padas, Fourth Mehl, First House:	ਰਾਗ ਕਾਨੜਾ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
55557	1294	੧ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
55558	1294	ਮੇਰਾ ਮਨੁ ਸਾਧ ਜਨਾਂ ਮਿਲਿ ਹਰਿਆ॥		Maeraa Man Saadhh Janaan Mil Hariaa ||	Meeting with the Holy people, my mind blossoms forth.	ਮੇਰਾ ਮਨ ਸੰਤ ਜਨਾਂ ਨੂੰ ਮਿਲ ਕੇ ਆਤਮਕ ਜੀਵਨ ਵਾਲਾ ਬਣ ਗਿਆ ਹੈ।

55559	1294	ਹਉ ਬਲਿ ਬਲਿ ਬਲਿ ਬਲਿ ਸਾਧ ਜਨਾਂ ਕਉ ਮਿਲਿ ਸੰਗਤਿ ਪਾਰਿ ਉਤਰਿਆ॥੧॥ਰਹਾਉ॥		Ho Bal Bal Bal Bal Saadhh Janaan Ko Mil Sangath Paar Outhariaa ||1|| Rehaao ||	I am a sacrifice, a sacrifice, a sacrifice to those Holy beings; joining the Sangat, the Congregation, I am carried across to the other side. ||1||Pause||	ਮੈਂ ਸੰਤ ਜਨਾਂ ਤੋਂ ਸਦਕੇ ਜਾਂਦਾ ਹਾਂ ਕੁਰਬਾਨ ਜਾਂਦਾ ਹਾਂ। (ਸੰਤ ਜਨਾਂ ਦੀ) ਸੰਗਤ ਵਿਚ ਮਿਲ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ ॥੧॥ ਰਹਾਉ ॥
55560	1294	ਹਰਿ ਹਰਿ ਕ੍ਰਿਪਾ ਕਰਹੁ ਪ੍ਰਭ ਅਪਨੀ ਹਮ ਸਾਧ ਜਨਾਂ ਪਗ ਪਰਿਆ॥		Har Har Kirapaa Karahu Prabh Apanee Ham Saadhh Janaan Pag Pariaa ||	O Lord, Har, Har, please bless me with Your Mercy, God, that I may fall at the feet of the Holy.	ਹੇ ਹਰੀ! ਹੇ ਪ੍ਰਭੂ! (ਮੇਰੇ ਉਤੇ) ਆਪਣੀ ਮਿਹਰ ਕਰ, ਮੈਂ ਸੰਤ ਜਨਾਂ ਦੀ ਚਰਨੀਂ ਲੱਗਾ ਰਹਾਂ।
55561	1294	ਧਨੁ ਧਨੁ ਸਾਧ ਜਿਨ ਹਰਿ ਪ੍ਰਭੁ ਜਾਨਿਆ ਮਿਲਿ ਸਾਧੂ ਪਤਿਤ ਉਧਰਿਆ॥੧॥	(ਉ-ਧਰਿਆ) ਹੋਰਨਾਂ ਨੂੰ ਉਧਾਰਨ ਵਾਲਾ ਹੋ ਗਿਆ	Dhhan Dhhan Saadhh Jin Har Prabh Jaaniaa Mil Saadhhoo Pathith Oudhhariaa ||1||	Blessed, blessed are the Holy, who know the Lord God. Meeting with the Holy, even sinners are saved. ||1||	ਸ਼ਾਬਾਸ਼ ਹੈ ਸੰਤ ਜਨਾਂ ਨੂੰ ਜਿਨ੍ਹਾਂ ਨੇ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਹੋਈ ਹੈ। ਸੰਤ ਜਨਾਂ ਨੂੰ ਮਿਲ ਕੇ ਵਿਕਾਰਾਂ ਵਿਚ ਡਿੱਗੇ ਹੋਏ ਮਨੁੱਖ ਵਿਕਾਰਾਂ ਤੋਂ ਬਚ ਜਾਂਦੇ ਹਨ ॥੧॥

55562	1294	ਮਨੂਆ ਚਲੈ ਚਲੈ ਬਹੁ ਬਹੁ ਬਿਧਿ ਮਿਲਿ ਸਾਧੂ ਵਸਗਤਿ ਕਰਿਆ॥		Manooaa Chalai Chalai Bahu Bahu Bidhh Mil Saadhhoo Vasagath Kariaa ||	The mind roams and rambles all around in all directions. Meeting with the Holy, it is overpowered and brought under control,	(ਮਨੁੱਖ ਦਾ) ਮਨ (ਆਮ ਤੌਰ ਤੇ) ਕਈ ਤਰੀਕਿਆਂ ਨਾਲ ਸਦਾ ਭਟਕਦਾ ਫਿਰਦਾ ਹੈ, ਸੰਤ ਜਨਾਂ ਨੂੰ ਮਿਲ ਕੇ (ਇਉਂ) ਵੱਸ ਵਿਚ ਕਰ ਲਈਦਾ ਹੈ,
55563	1294	ਜਿਉਂ ਜਲ ਤੰਤੁ ਪਸਾਰਿਓ ਬਧਕਿ ਗ੍ਰਸਿ ਮੀਨਾ ਵਸਗਤਿ ਖਰਿਆ॥੨॥	(ਤੰਤੁ) ਸੂਤ ਦਾ ਜਾਲ਼। (ਬੱਧਕਿ) ਗ੍ਰੱਸਿ। ਵੱਸ-ਗਤਿ। ਗਤਿ: ਪੋਲਾ ਬੋਲੋ	Jioun Jal Thanth Pasaariou Badhhak Gras Meenaa Vasagath Khariaa ||2||	Just as when the fisherman spreads his net over the water, he catches and overpowers the fish. ||2||	ਜਿਵੇਂ ਕਿਸੇ ਸ਼ਿਕਾਰੀ ਨੇ ਜਾਲ ਖਿਲਾਰਿਆ, ਅਤੇ ਮੱਛੀ ਨੂੰ (ਕੁੰਡੇ ਵਿਚ) ਫਸਾ ਕੇ ਕਾਬੂ ਕਰ ਕੇ ਲੈ ਗਿਆ ॥੨॥
55564	1294	ਹਰਿ ਕੇ ਸੰਤ ਸੰਤ ਭਲ ਨੀਕੇ ਮਿਲਿ ਸੰਤ ਜਨਾ ਮਲੁ ਲਹੀਆ॥		Har Kae Santh Santh Bhal Neekae Mil Santh Janaa Mal Leheeaa ||	The Saints, the Saints of the Lord, are noble and good. Meeting with the humble Saints, filth is washed away.	ਪਰਮਾਤਮਾ ਦੇ ਸੇਵਕ ਸੰਤ ਜਨ ਭਲੇ ਅਤੇ ਚੰਗੇ ਜੀਵਨ ਵਾਲੇ ਹੁੰਦੇ ਹਨ, ਸੰਤ ਜਨਾਂ ਨੂੰ ਮਿਲ ਕੇ (ਮਨ ਦੀ ਵਿਕਾਰਾਂ ਦੀ) ਮੈਲ ਲਹਿ ਜਾਂਦੀ ਹੈ।
55565	1294	ਹਉਮੈ ਦੁਰਤੁ ਗਇਆ ਸਭੁ ਨੀਕਰਿ ਜਿਉ ਸਾਬੁਨਿ ਕਾਪਰੁ ਕਰਿਆ॥੩॥	(ਦੁਰਤੁ) ਪਾਪ। ਗ-ਇਆ	Houmai Dhurath Gaeiaa Sabh Neekar Jio Saabun Kaapar Kariaa ||3||	All the sins and egotism are washed away, like soap washing dirty clothes. ||3||	ਜਿਵੇਂ ਸਾਬਣ ਨਾਲ ਕੱਪੜਾ (ਸਾਫ਼) ਕਰ ਲਈਦਾ ਹੈ, (ਤਿਵੇਂ ਸੰਤ ਜਨਾਂ ਦੀ ਸੰਗਤ ਵਿਚ ਮਨੁੱਖ ਦੇ ਅੰਦਰੋਂ) ਹਉਮੈ ਦਾ ਵਿਕਾਰ ਸਾਰਾ ਨਿਕਲ ਜਾਂਦਾ ਹੈ ॥੩॥

55566	1294	ਮਸਤਕਿ ਲਿਲਾਟਿ ਲਿਖਿਆ ਧੁਰਿ ਠਾਕੁਰਿ ਗੁਰ ਸਤਿਗੁਰ ਚਰਨ ਉਰ ਧਰਿਆ॥		Masathak Lilaatt Likhiaa Dhhur Thaakur Gur Sathigur Charan Our Dhhariaa ||	According to that pre-ordained destiny inscribed on my forehead by my Lord and Master, I have enshrined the Feet of the Guru, the True Guru, within my heart.	ਹੇ ਦਾਸ ਨਾਨਕ! ਜਿਸ ਮਨੁੱਖ ਦੇ ਮੱਥੇ ਉੱਤੇ ਠਾਕੁਰ-ਪ੍ਰਭੂ ਨੇ ਧੁਰ ਦਰਗਾਹ ਤੋਂ (ਗੁਰੂ-ਮਿਲਾਪ ਦਾ ਲੇਖ) ਲਿਖ ਦਿੱਤਾ, ਉਸ ਨੇ ਗੁਰੂ ਦੇ ਚਰਨ ਆਪਣੇ ਹਿਰਦੇ ਵਿਚ ਵਸਾ ਲਏ।
55567	1294	ਸਭੁ ਦਾਲਦੁ ਦੂਖ ਭੰਜ ਪ੍ਰਭੁ ਪਾਇਆ ਜਨ ਨਾਨਕ ਨਾਮਿ ਉਧਰਿਆ॥੪॥੧॥	(ਉ-ਧਰਿਆ) ਉਧਾਰਨ ਵਾਲਾ	Sabh Dhaaladh Dhookh Bhanj Prabh Paaeiaa Jan Naanak Naam Oudhhariaa ||4||1||	I have found God, the Destroyer of all poverty and pain; servant Nanak is saved through the Naam. ||4||1||	ਉਸ ਨੇ ਉਹ ਪਰਮਾਤਮਾ ਲੱਭ ਲਿਆ ਜਿਹੜਾ ਸਾਰੀ ਗ਼ਰੀਬੀ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ। ਉਹ ਮਨੁੱਖ ਨਾਮ ਵਿਚ (ਜੁੜ ਕੇ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਗਿਆ ॥੪॥੧॥
55568	1294	ਕਾਨੜਾ ਮਹਲਾ ੪॥		Kaanarraa Mehalaa 4 ||	Kaanraa, Fourth Mehl:	
55569	1294	ਮੇਰਾ ਮਨੁ ਸੰਤ ਜਨਾ ਪਗ ਰੇਨ॥		Maeraa Man Santh Janaa Pag Raen ||	My mind is the dust of the feet of the Saints.	ਮੇਰਾ ਮਨ ਸੰਤ ਜਨਾਂ ਦੇ ਚਰਨਾਂ ਦੀ ਧੂੜ (ਮੰਗਦਾ ਹੈ)।

55570	1294	ਹਰਿ ਹਰਿ ਕਥਾ ਸੁਨੀ ਮਿਲਿ ਸੰਗਤਿ ਮਨੁ ਕੋਰਾ ਹਰਿ ਰੰਗਿ ਭੇਨ॥੧॥ਰਹਾਉ॥		Har Har Kathhaa Sunee Mil Sangath Man Koraa Har Rang Bhaen ||1|| Rehaao ||	Joining the Sangat, the Congregation, I listen to the sermon of the Lord, Har, Har. My crude and uncultured mind is drenched with the Love of the Lord. ||1||Pause||	ਸੰਤ ਜਨਾਂ ਦੀ ਸੰਗਤ ਵਿਚ ਮਿਲ ਕੇ (ਜਿਸ ਨੇ ਭੀ) ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣੀ, ਉਸ ਦਾ ਕੋਰਾ ਮਨ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਭਿੱਜ ਗਿਆ ॥੧॥ ਰਹਾਉ ॥
55571	1294	ਹਮ ਅਚਿਤ ਅਚੇਤ ਨ ਜਾਨਹਿ ਗਤਿ ਮਿਤਿ ਗੁਰਿ ਕੀਏ ਸੁਚਿਤ ਚਿਤੇਨ॥	(ਅ-ਚਿੱਤ) ਜੜ੍ਹ। (ਅਚੇਤ) ਭੁੱਲੇ। (ਸੁ-ਚਿੱਤ) ਸਾਵਧਾਨ (ਚਿਤੇਨ) ਚੇਤੇ ਕਰਨ ਵਾਲੇ	Ham Achith Achaeth N Jaanehi Gath Mith Gur Keeeae Suchith Chithaen ||	I am thoughtless and unconscious; I do not know God's state and extent. The Guru has made me thoughtful and conscious.	ਅਸੀਂ ਜੀਵ (ਪਰਮਾਤਮਾ ਵਲੋਂ) ਬੇ-ਧਿਆਨੇ ਗ਼ਾਫ਼ਿਲ ਰਹਿੰਦੇ ਹਾਂ, ਅਸੀਂ ਨਹੀਂ ਜਾਣਦੇ ਕਿ ਪਰਮਾਤਮਾ ਕਿਹੋ ਜਿਹਾ ਉੱਚੀ ਆਤਮਕ ਅਵਸਥਾ ਵਾਲਾ ਹੈ ਅਤੇ ਕੇਡਾ ਬੇਅੰਤ ਵੱਡਾ ਹੈ। (ਜਿਹੜੇ ਗੁਰੂ ਦੀ ਸਰਨ ਪੈ ਗਏ, ਉਹਨਾਂ ਨੂੰ) ਗੁਰੂ ਨੇ ਸਿਆਣੇ ਚਿੱਤ ਵਾਲੇ ਬਣਾ ਦਿੱਤਾ।
55572	1294	ਪ੍ਰਭਿ ਦੀਨ ਦਇਆਲਿ ਕੀਓ ਅੰਗੀਕ੍ਰਿਤੁ ਮਨਿ ਹਰਿ ਹਰਿ ਨਾਮੁ ਜਪੇਨ॥੧॥	(ਅੰਗੀ-ਕ੍ਰਿਤੁ) ਅੰਗੀਕਾਰ ਪੱਖ	Prabh Dheen Dhaeiaal Keeou Angeekirath Man Har Har Naam Japaen ||1||	God is Merciful to the meek; He has made me His Own. My mind chants and meditates on the Name of the Lord, Har, Har. ||1||	ਦੀਨਾਂ ਉੱਤੇ ਦਇਆ ਕਰਨ ਵਾਲੇ ਪ੍ਰਭੂ ਨੇ ਜਿਸ ਦਾ ਪੱਖ ਕੀਤਾ, ਉਸ ਨੇ ਆਪਣੇ ਮਨ ਵਿਚ ਪਰਮਾਤਮਾ ਦਾ ਨਾਮ ਜਪਣਾ ਸ਼ੁਰੂ ਕਰ ਦਿੱਤਾ ॥੧॥

55573	1294	ਹਰਿ ਕੇ ਸੰਤ ਮਿਲਹਿ ਮਨ ਪ੍ਰੀਤਮ ਕਟਿ ਦੇਵਉ ਹੀਅਰਾ ਤੇਨ॥		Har Kae Santh Milehi Man Preetham Katt Dhaevo Heearaa Thaen ||	Meeting with the Lord's Saints, the Beloveds of the mind, I would cut out my heart, and offer it to them.	ਜੇ (ਮੇਰੇ) ਮਨ ਦੇ ਪਿਆਰੇ ਸੰਤ ਜਨ (ਮੈਨੂੰ) ਮਿਲ ਪੈਣ, ਤਾਂ ਮੈਂ ਉਹਨਾਂ ਨੂੰ (ਆਪਣਾ) ਹਿਰਦਾ ਕੱਟ ਕੇ ਦੇ ਦਿਆਂ।
55574	1294	ਹਰਿ ਕੇ ਸੰਤ ਮਿਲੇ ਹਰਿ ਮਿਲਿਆ ਹਮ ਕੀਏ ਪਤਿਤ ਪਵੇਨ॥੨॥		Har Kae Santh Milae Har Miliaa Ham Keeeae Pathith Pavaen ||2||	Meeting with the Lord's Saints, I meet with the Lord; this sinner has been sanctified. ||2||	(ਜਿਨ੍ਹਾਂ ਨੂੰ) ਪਰਮਾਤਮਾ ਦੇ ਸੰਤ ਮਿਲ ਪਏ, ਉਹਨਾਂ ਨੂੰ ਪਰਮਾਤਮਾ ਮਿਲ ਪਿਆ। ਸੰਤ ਜਨ ਅਸਾਂ ਜੀਵਾਂ ਨੂੰ ਪਤਿਤਾਂ ਤੋਂ ਪਵਿੱਤਰ ਕਰ ਲੈਂਦੇ ਹਨ ॥੨॥
55575	1294	ਹਰਿ ਕੇ ਜਨ ਊਤਮ ਜਗਿ ਕਹੀਅਹਿ ਜਿਨ ਮਿਲਿਆ ਪਾਥਰ ਸੇਨ॥		Har Kae Jan Ootham Jag Keheeahi Jin Miliaa Paathhar Saen ||	The humble servants of the Lord are said to be exalted in this world; meeting with them, even stones are softened.	ਪਰਮਾਤਮਾ ਦੇ ਸੇਵਕ ਜਗਤ ਵਿਚ ਉੱਚੇ ਜੀਵਨ ਵਾਲੇ ਅਖਵਾਂਦੇ ਹਨ, ਕਿਉਂਕਿ ਉਹਨਾਂ ਨੂੰ ਮਿਲਿਆਂ ਪੱਥਰ (ਭੀ ਅੰਦਰੋਂ) ਸਿੱਜ ਜਾਂਦੇ ਹਨ (ਪੱਥਰ-ਦਿਲ ਮਨੁੱਖ ਭੀ ਨਰਮ-ਦਿਲ ਹੋ ਜਾਂਦੇ ਹਨ)।
55576	1295	ਜਨ ਕੀ ਮਹਿਮਾ ਬਰਨਿ ਨ ਸਾਕਉ ਓਇ ਊਤਮ ਹਰਿ ਹਰਿ ਕੇਨ॥੩॥		Jan Kee Mehimaa Baran N Saako Oue Ootham Har Har Kaen ||3||	I cannot even describe the noble grandeur of such humble beings; the Lord, Har, Har, has made them sublime and exalted. ||3||	ਮੈਂ ਸੰਤ ਜਨਾਂ ਦੀ ਵਡਿਆਈ ਬਿਆਨ ਨਹੀਂ ਕਰ ਸਕਦਾ। ਪਰਮਾਤਮਾ ਨੇ (ਆਪ) ਉਹਨਾਂ ਨੂੰ ਉੱਚੇ ਜੀਵਨ ਵਾਲੇ ਬਣਾ ਦਿੱਤਾ ਹੈ ॥੩॥

55577	1295	ਤੁਮ੍ ਹਰਿ ਸਾਹ ਵਡੇ ਪ੍ਰਭ ਸੁਆਮੀ ਹਮ ਵਣਜਾਰੇ ਰਾਸਿ ਦੇਨ॥		Thumh Har Saah Vaddae Prabh Suaamee Ham Vanajaarae Raas Dhaen ||	You, Lord are the Great Merchant-Banker; O God, my Lord and Master, I am just a poor peddler; please bless me with the wealth.	ਹੇ ਪ੍ਰਭੂ! ਹੇ ਹਰੀ! ਹੇ ਸੁਆਮੀ! ਤੂੰ ਨਾਮ-ਖ਼ਜ਼ਾਨੇ ਦਾ ਮਾਲਕ ਹੈਂ, ਅਸੀਂ ਜੀਵ ਉਸ ਨਾਮ-ਧਨ ਦੇ ਵਪਾਰੀ ਹਾਂ, ਸਾਨੂੰ ਆਪਣਾ ਨਾਮ-ਸਰਮਾਇਆ ਦੇਹ।
55578	1295	ਜਨ ਨਾਨਕ ਕਉ ਦਇਆ ਪ੍ਰਭ ਧਾਰਹੁ ਲਦਿ ਵਾਖਰੁ ਹਰਿ ਹਰਿ ਲੇਨ॥੪॥੨॥		Jan Naanak Ko Dhaeiaa Prabh Dhhaarahu Ladh Vaakhar Har Har Laen ||4||2||	Please bestow Your Kindness and Mercy upon servant Nanak, God, so that he may load up the merchandise of the Lord, Har, Har. ||4||2||	ਹੇ ਪ੍ਰਭੂ! ਆਪਣੇ ਦਾਸ ਨਾਨਕ ਉੱਤੇ ਮਿਹਰ ਕਰ, ਮੈਂ ਤੇਰਾ ਨਾਮ-ਸੌਦਾ ਲੱਦ ਸਕਾਂ ॥੪॥੨॥
55579	1295	ਕਾਨੜਾ ਮਹਲਾ ੪॥		Kaanarraa Mehalaa 4 ||	Kaanraa, Fourth Mehl:	
55580	1295	ਜਪਿ ਮਨ ਰਾਮ ਨਾਮ ਪਰਗਾਸ॥		Jap Man Raam Naam Paragaas ||	O mind, chant the Name of the Lord, and be enlightened.	ਹੇ ਮਨ! ਪਰਮਾਤਮਾ ਦਾ ਨਾਮ ਜਪਿਆ ਕਰ, (ਨਾਮ ਦੀ ਬਰਕਤਿ ਨਾਲ ਆਤਮਕ ਜੀਵਨ ਦੀ ਸੂਝ ਦਾ) ਚਾਨਣ (ਹੋ ਜਾਂਦਾ ਹੈ)।

55581	1295	ਹਰਿ ਕੇ ਸੰਤ ਮਿਲਿ ਪ੍ਰੀਤਿ ਲਗਾਨੀ ਵਿਚੇ ਗਿਰਹ ਉਦਾਸ॥੧॥ਰਹਾਉ॥		Har Kae Santh Mil Preeth Lagaanee Vichae Gireh Oudhaas ||1|| Rehaao ||	Meet with the Saints of the Lord, and focus your love; remain balanced and detached within your own household. ||1||Pause||	ਪਰਮਾਤਮਾ ਦੇ ਸੰਤ ਜਨਾਂ ਨੂੰ ਮਿਲ ਕੇ (ਜਿਨ੍ਹਾਂ ਦੇ ਅੰਦਰ ਪਰਮਾਤਮਾ ਦਾ) ਪਿਆਰ ਬਣ ਜਾਂਦਾ ਹੈ, ਉਹ ਗ੍ਰਿਹਸਤ ਵਿਚ ਹੀ (ਮਾਇਆ ਦੇ ਮੋਹ ਤੋਂ) ਨਿਰਲੇਪ ਰਹਿੰਦੇ ਹਨ ॥੧॥ ਰਹਾਉ ॥
55582	1295	ਹਮ ਹਰਿ ਹਿਰਦੈ ਜਪਿਓ ਨਾਮੁ ਨਰਹਰਿ ਪ੍ਰਭਿ ਕ੍ਰਿਪਾ ਕਰੀ ਕਿਰਪਾਸ॥		Ham Har Hiradhai Japiou Naam Narehar Prabh Kirapaa Karee Kirapaas ||	I chant the Name of the Lord, Nar-Har, within my heart; God the Merciful has shown His Mercy.	ਕਿਰਪਾਲ ਪ੍ਰਭੂ ਨੇ (ਜਦੋਂ ਅਸਾਂ ਜੀਵਾਂ ਉੱਤੇ) ਮਿਹਰ ਕੀਤੀ, ਅਸਾਂ ਹਿਰਦੇ ਵਿਚ ਉਸ ਦਾ ਨਾਮ ਜਪਿਆ।
55583	1295	ਅਨ ਦਿਨੁ ਅਨਦੁ ਭਇਆ ਮਨੁ ਬਿਗਸਿਆ ਉਦਮ ਭਏ ਮਿਲਨ ਕੀ ਆਸ॥੧॥		Anadhin Anadh Bhaeiaa Man Bigasiaa Oudham Bheae Milan Kee Aas ||1||	Night and day, I am in ecstasy; my mind has blossomed forth, rejuvenated. I am trying - I hope to meet my Lord. ||1||	(ਨਾਮ ਦੀ ਬਰਕਤਿ ਨਾਲ) ਹਰ ਵੇਲੇ (ਸਾਡੇ ਅੰਦਰ) ਆਨੰਦ ਬਣ ਗਿਆ, (ਸਾਡਾ) ਮਨ ਖਿੜ ਪਿਆ, (ਸਿਮਰਨ ਦਾ ਹੋਰ) ਉੱਦਮ ਹੁੰਦਾ ਗਿਆ, (ਪ੍ਰਭੂ ਨੂੰ) ਮਿਲਣ ਦੀ ਆਸ ਬਣਦੀ ਗਈ ॥੧॥

55584	1295	ਹਮ ਹਰਿ ਸੁਆਮੀ ਪ੍ਰੀਤਿ ਲਗਾਈ ਜਿਤਨੇ ਸਾਸ ਲੀਏ ਹਮ ਗ੍ਰਾਸ॥		Ham Har Suaamee Preeth Lagaaee Jithanae Saas Leeeae Ham Graas ||	I am in love with the Lord, my Lord and Master; I love Him with every breath and morsel of food I take.	ਅਸਾਂ ਜਿਨ੍ਹਾਂ ਜੀਵਾਂ ਦੇ ਅੰਦਰ ਪਰਮਾਤਮਾ ਦਾ ਪਿਆਰ ਬਣਿਆ (ਤੇ) ਜਿਨ੍ਹਾਂ ਨੇ ਹਰੇਕ ਸਾਹ ਦੇ ਨਾਲ ਹਰੇਕ ਗਿਰਾਹੀ ਦੇ ਨਾਲ (ਨਾਮ ਜਪਿਆ),
55585	1295	ਕਿਲਬਿਖ ਦਹਨ ਭਏ ਖਿਨ ਅੰਤਰਿ ਤੂਟਿ ਗਏ ਮਾਇਆ ਕੇ ਫਾਸ॥੨॥		Kilabikh Dhehan Bheae Khin Anthar Thoott Geae Maaeiaa Kae Faas ||2||	My sins were burnt away in an instant; the noose of the bondage of Maya was loosened. ||2||	(ਉਹਨਾਂ ਦੇ) ਇਕ ਖਿਨ ਵਿਚ ਹੀ ਸਾਰੇ ਪਾਪ ਸੜ ਗਏ, ਮਾਇਆ ਦੀਆਂ ਫਾਹੀਆਂ ਟੁੱਟ ਗਈਆਂ ॥੨॥
55586	1295	ਕਿਆ ਹਮ ਕਿਰਮ ਕਿਆ ਕਰਮ ਕਮਾਵਹਿ ਮੂਰਖ ਮੁਗਧ ਰਖੇ ਪ੍ਰਭ ਤਾਸ॥		Kiaa Ham Kiram Kiaa Karam Kamaavehi Moorakh Mugadhh Rakhae Prabh Thaas ||	I am such a worm! What karma am I creating? What can I do? I am a fool, a total idiot, but God has saved me.	ਪਰ, ਅਸਾਂ ਜੀਵਾਂ ਦੀ ਕੀਹ ਪਾਂਇਆਂ ਹੈ? ਅਸੀਂ ਤਾਂ ਕੀੜੇ ਹਾਂ। ਅਸੀਂ ਕੀਹ ਕਰਮ ਕਰ ਸਕਦੇ ਹਾਂ? ਸਾਡੀ ਮੂਰਖਾਂ ਦੀ ਤਾਂ ਉਹ ਪ੍ਰਭੂ (ਆਪ ਹੀ) ਰੱਖਿਆ ਕਰਦਾ ਹੈ।

55587	1295	ਅਵਗਨੀਆਰੇ ਪਾਥਰ ਭਾਰੇ ਸਤਸੰਗਤਿ ਮਿਲਿ ਤਰੇ ਤਰਾਸ॥੩॥		Avaganeeaarae Paathhar Bhaarae Sathasangath Mil Tharae Tharaas ||3||	I am unworthy, heavy as stone, but joining the Sat Sangat, the True Congregation, I am carried across to the other side. ||3||	ਅਸੀਂ ਔਗੁਣਾਂ ਨਾਲ ਭਰੇ ਰਹਿੰਦੇ ਹਾਂ, (ਔਗੁਣਾਂ ਦੇ ਭਾਰ ਨਾਲ) ਪੱਥਰ ਵਰਗੇ ਭਾਰੇ ਹਾਂ (ਅਸੀਂ ਕਿਵੇਂ ਇਸ ਸੰਸਾਰ-ਸਮੁੰਦਰ ਵਿਚੋਂ ਤਰ ਸਕਦੇ ਹਾਂ?) ਸਾਧ ਸੰਗਤ ਵਿਚ ਮਿਲ ਕੇ ਹੀ ਪਾਰ ਲੰਘ ਸਕਦੇ ਹਾਂ, (ਉਹ ਮਾਲਕ) ਪਾਰ ਲੰਘਾਂਦਾ ਹੈ ॥੩॥
55588	1295	ਜੇਤੀ ਸ੍ਰਿਸਟਿ ਕਰੀ ਜਗਦੀਸਰਿ ਤੇ ਸਭਿ ਊਚ ਹਮ ਨੀਚ ਬਿਖਿਆਸ॥		Jaethee Srisatt Karee Jagadheesar Thae Sabh Ooch Ham Neech Bikhiaas ||	The Universe which God created is all above me; I am the lowest, engrossed in corruption.	ਜਗਤ ਦੇ ਮਾਲਕ-ਪ੍ਰਭੂ ਨੇ ਜਿਤਨੀ ਭੀ ਸ੍ਰਿਸ਼ਟੀ ਰਚੀ ਹੈ (ਇਸ ਦੇ) ਸਾਰੇ ਜੀਵ ਜੰਤ (ਅਸਾਂ ਮਨੁੱਖ ਅਖਵਾਣ ਵਾਲਿਆਂ ਨਾਲੋਂ) ਉੱਚੇ ਹਨ, ਅਸੀਂ ਵਿਸ਼ੇ-ਵਿਕਾਰਾਂ ਵਿਚ ਪੈ ਕੇ ਨੀਵੇਂ ਹਾਂ।
55589	1295	ਹਮਰੇ ਅਵਗੁਨ ਸੰਗਿ ਗੁਰ ਮੇਟੇ ਜਨ ਨਾਨਕ ਮੇਲਿ ਲੀਏ ਪ੍ਰਭ ਪਾਸ॥੪॥੩॥		Hamarae Avagun Sang Gur Maettae Jan Naanak Mael Leeeae Prabh Paas ||4||3||	With the Guru, my faults and demerits have been erased. Servant Nanak has been united with God Himself. ||4||3||	ਹੇ ਦਾਸ ਨਾਨਕ! ਪ੍ਰਭੂ ਸਾਡੇ ਔਗੁਣ ਗੁਰੂ ਦੀ ਸੰਗਤ ਵਿਚ ਮਿਟਾਂਦਾ ਹੈ। ਗੁਰੂ ਸਾਨੂੰ ਪ੍ਰਭੂ ਨਾਲ ਮਿਲਾਂਦਾ ਹੈ ॥੪॥੩॥
55590	1295	ਕਾਨੜਾ ਮਹਲਾ ੪॥		Kaanarraa Mehalaa 4 ||	Kaanraa, Fourth Mehl:	

55591	1295	ਮੇਰੈ ਮਨਿ ਰਾਮ ਨਾਮੁ ਜਪਿਓ ਗੁਰ ਵਾਕ॥		Maerai Man Raam Naam Japiou Gur Vaak ||	O my mind,chant the Name of the Lord,through the Guru's Word.	ਮੇਰੇ ਮਨ ਨੇ (ਭੀ) ਗੁਰੂ ਦੇ ਬਚਨਾਂ ਉੱਤੇ ਤੁਰ ਕੇ ਪਰਮਾਤਮਾ ਦਾ ਨਾਮ ਜਪਿਆ ਹੈ।
55592	1295	ਹਰਿ ਹਰਿ ਕ੍ਰਿਪਾ ਕਰੀ ਜਗਦੀਸਰਿ ਦੁਰਮਤਿ ਦੂਜਾ ਭਾਉ ਗਇਓ ਸਭ ਝਾਕ॥੧॥ਰਹਾਉ॥		Har Har Kirapaa Karee Jagadheesar Dhuramath Dhoojaa Bhaao Gaeiou Sabh Jhaak ||1|| Rehaao ||	The Lord, Har, Har, has shown me His Mercy, and my evil-mindedness, love of duality and sense of alienation are totally gone, thanks to the Lord of the Universe. ||1||Pause||	(ਜਿਸ ਮਨੁੱਖ ਉੱਤੇ) ਜਗਤ ਦੇ ਮਾਲਕ ਹਰੀ ਨੇ ਮਿਹਰ ਕੀਤੀ (ਉਸਨੇ ਗੁਰੂ ਦੇ ਬਚਨਾਂ ਉੱਤੇ ਤੁਰ ਕੇ ਪ੍ਰਭੂ ਦਾ ਨਾਮ ਜਪਿਆ, ਤੇ, ਉਸ ਦੇ ਅੰਦਰੋਂ) ਖੋਟੀ ਬੁੱਧੀ ਦੂਰ ਹੋ ਗਈ, ਮਾਇਆ ਦਾ ਮੋਹ ਮੁੱਕ ਗਿਆ, (ਮਾਇਆ ਵਾਲੀ) ਸਾਰੀ ਝਾਕ ਖ਼ਤਮ ਹੋਈ ॥੧॥ ਰਹਾਉ ॥
55593	1295	ਨਾਨਾ ਰੂਪ ਰੰਗ ਹਰਿ ਕੇਰੇ ਘਟਿ ਘਟਿ ਰਾਮੁ ਰਵਿਓ ਗੁਪਲਾਕ॥	(ਗੁਪਲਾਕ) ਕਰਤਾਰ ਜੀ। ਬਿਗਸਿਆ: ਪੋਲਾ ਬੋਲੋ	Naanaa Roop Rang Har Kaerae Ghatt Ghatt Raam Raviou Gupalaak ||	There are so many forms and colors of the Lord. The Lord is pervading each and every heart, and yet He is hidden from view.	ਪਰਮਾਤਮਾ ਦੇ ਕਈ ਕਿਸਮਾਂ ਦੇ ਰੂਪ ਹਨ, ਕਈ ਕਿਸਮਾਂ ਦੇ ਰੰਗ ਹਨ। ਹਰੇਕ ਸਰੀਰ ਵਿਚ ਪਰਮਾਤਮਾ ਗੁਪਤ ਵੱਸ ਰਿਹਾ ਹੈ।
55594	1295	ਹਰਿ ਕੇ ਸੰਤ ਮਿਲੇ ਹਰਿ ਪ੍ਰਗਟੇ ਉਘਰਿ ਗਏ ਬਿਖਿਆ ਕੇ ਤਾਕ॥੧॥		Har Kae Santh Milae Har Pragattae Oughar Geae Bikhiaa Kae Thaak ||1||	Meeting with the Lord's Saints, the Lord is revealed, and the doors of corruption are shattered. ||1||	ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਦੇ ਸੰਤ ਜਨ ਮਿਲ ਪੈਂਦੇ ਹਨ, ਉਹਨਾਂ ਦੇ ਅੰਦਰ ਪਰਮਾਤਮਾ ਪਰਗਟ ਹੋ ਜਾਂਦਾ ਹੈ। ਉਹਨਾਂ ਮਨੁੱਖਾਂ ਦੇ ਮਾਇਆ ਦੇ (ਮੋਹ ਵਾਲੇ ਬੰਦ) ਭਿੱਤ ਖੁਲ੍ਹ ਜਾਂਦੇ ਹਨ ॥੧॥

55595	1295	ਸੰਤ ਜਨਾ ਕੀ ਬਹੁਤੁ ਬਹੁ ਸੋਭਾ ਜਿਨ ਉਰਿ ਧਾਰਿਓ ਹਰਿ ਰਸਿਕ ਰਸਾਕ॥		Santh Janaa Kee Bahuth Bahu Sobhaa Jin Our Dhhaariou Har Rasik Rasaak ||	The glory of the Saintly beings is absolutely great; they lovingly enshrine the Lord of Bliss and Delight within their hearts.	ਜਿਨ੍ਹਾਂ ਰਸੀਏ ਸੰਤ ਜਨਾਂ ਨੇ ਆਪਣੇ ਹਿਰਦੇ ਵਿਚ ਪਰਮਾਤਮਾ ਨੂੰ ਵਸਾ ਲਿਆ, ਉਹਨਾਂ ਦੀ (ਜਗਤ ਵਿਚ) ਬਹੁਤ ਸੋਭਾ ਹੁੰਦੀ ਹੈ।
55596	1295	ਹਰਿ ਕੇ ਸੰਤ ਮਿਲੇ ਹਰਿ ਮਿਲਿਆ ਜੈਸੇ ਗਊ ਦੇਖਿ ਬਛਰਾਕ॥੨॥		Har Kae Santh Milae Har Miliaa Jaisae Goo Dhaekh Bashharaak ||2||	Meeting with the Lord's Saints, I meet with the Lord, just as when the calf is seen - the cow is there as well. ||2||	ਜਿਨ੍ਹਾਂ ਮਨੁੱਖਾਂ ਨੂੰ ਪ੍ਰਭੂ ਦੇ ਇਹੋ (ਜਿਹੇ) ਸੰਤ ਮਿਲ ਪੈਂਦੇ ਹਨ, ਉਹਨਾਂ ਨੂੰ ਪਰਮਾਤਮਾ ਮਿਲ ਪੈਂਦਾ ਹੈ (ਉਹ ਇਉਂ ਪ੍ਰਸੰਨ ਚਿੱਤ ਰਹਿੰਦੇ ਹਨ) ਜਿਵੇਂ ਗਾਂ ਨੂੰ ਵੇਖ ਕੇ ਉਸ ਦਾ ਵੱਛਾ ॥੨॥
55597	1295	ਹਰਿ ਕੇ ਸੰਤ ਜਨਾ ਮਹਿ ਹਰਿ ਹਰਿ ਤੇ ਜਨ ਊਤਮ ਜਨਕ ਜਨਾਕ॥		Har Kae Santh Janaa Mehi Har Har Thae Jan Ootham Janak Janaak ||	The Lord, Har, Har, is within the humble Saints of the Lord; they are exalted - they know, and they inspire others to know as well.	ਪਰਮਾਤਮਾ ਆਪਣੇ ਸੰਤ ਜਨਾਂ ਦੇ ਅੰਦਰ (ਪ੍ਰਤੱਖ ਵੱਸਦਾ ਹੈ), ਉਹ ਸੰਤ ਜਨ ਹੋਰ ਸਭ ਮਨੁੱਖਾਂ ਨਾਲੋਂ ਉੱਚੇ ਜੀਵਨ ਵਾਲੇ ਹੁੰਦੇ ਹਨ।

55598	1295	ਤਿਨ ਹਰਿ ਹਿਰਦੈ ਬਾਸੁ ਬਸਾਨੀ ਛੂਟਿ ਗਈ ਮੁਸਕੀ ਮੁਸਕਾਕ॥੩॥	(ਮੁਸਕੀ) ਮੁਸ਼ਕੀ ਹੋਈ, ਫੈਲੀ ਹੋਈ। ਪਾਪਾਂ ਦੀ (ਮੁਸਕਾਕ) ਬਦਬੂ	Thin Har Hiradhai Baas Basaanee Shhoott Gee Musakee Musakaak ||3||	The fragrance of the Lord permeates their hearts; they have abandoned the foul stench. ||3||	ਉਹਨਾਂ ਨੇ ਆਪਣੇ ਹਿਰਦੇ ਵਿਚ ਹਰਿ-ਨਾਮ ਦੀ ਸੁਗੰਧੀ ਵਸਾ ਲਈ ਹੁੰਦੀ ਹੈ (ਇਸ ਵਾਸਤੇ ਉਹਨਾਂ ਦੇ ਅੰਦਰੋਂ ਵਿਕਾਰਾਂ ਦੀ) ਬਦਬੂ ਮੁੱਕ ਜਾਂਦੀ ਹੈ ॥੩॥
55599	1295	ਤੁਮਰੇ ਜਨ ਤੁਮ੍ਹ ਹੀ ਪ੍ਰਭ ਕੀਏ ਹਰਿ ਰਾਖਿ ਲੇਹੁ ਆਪਨ ਅਪਨਾਕ॥		Thumarae Jan Thumh Hee Prabh Keeeae Har Raakh Laehu Aapan Apanaak ||	You make those humble beings Your Own, God; You protect Your Own, O Lord.	ਹੇ ਪ੍ਰਭੂ! ਆਪਣੇ ਸੇਵਕਾਂ ਨੂੰ ਤੂੰ ਆਪ ਹੀ (ਚੰਗੇ) ਬਣਾਂਦਾ ਹੈਂ, ਉਹਨਾਂ ਨੂੰ ਤੂੰ ਆਪ ਹੀ ਆਪਣੇ ਬਣਾ ਕੇ ਉਹਨਾਂ ਦੀ ਰੱਖਿਆ ਕਰਦਾ ਹੈਂ।
55600	1295	ਜਨ ਨਾਨਕ ਕੇ ਸਖਾ ਹਰਿ ਭਾਈ ਮਾਤ ਪਿਤਾ ਬੰਧਪ ਹਰਿ ਸਾਕ॥੪॥੪॥		Jan Naanak Kae Sakhaa Har Bhaaee Maath Pithaa Bandhhap Har Saak ||4||4||	The Lord is servant Nanak's companion; the Lord is his sibling, mother, father, relative and relation. ||4||4||	ਹੇ ਨਾਨਕ! ਪ੍ਰਭੂ ਜੀ ਆਪਣੇ ਸੇਵਕਾਂ ਦੇ ਮਿੱਤਰ ਹਨ, ਭਰਾ ਹਨ, ਮਾਂ ਹਨ, ਪਿਉ ਹਨ, ਅਤੇ ਸਾਕ-ਸਨਬੰਧੀ ਹਨ ॥੪॥੪॥
55601	1295	ਕਾਨੜਾ ਮਹਲਾ ੪॥		Kaanarraa Mehalaa 4 ||	Kaanraa, Fourth Mehl:	
55602	1295	ਮੇਰੇ ਮਨ ਹਰਿ ਹਰਿ ਰਾਮ ਨਾਮੁ ਜਪਿ ਚੀਤਿ॥		Maerae Man Har Har Raam Naam Jap Cheeth ||	O my mind, consciously chant the Name of the Lord, Har, Har.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਸਦਾ ਆਪਣੇ ਅੰਦਰ ਜਪਿਆ ਕਰ।

55603	1295	ਹਰਿ ਹਰਿ ਵਸਤੁ ਮਾਇਆ ਗੜਿ ਵੇੜੀ ਗੁਰ ਕੈ ਸਬਦਿ ਲੀਓ ਗੜੁ ਜੀਤਿ॥੧॥ਰਹਾਉ॥	(ਵੇੜ੍ਹੀ) ਘੇਰੀ। ਗੜ੍ਹ	Har Har Vasath Maaeiaa Garrih Vaerrhee Gur Kai Sabadh Leeou Garr Jeeth ||1|| Rehaao ||	The commodity of the Lord, Har, Har, is locked in the fortress of Maya; through the Word of the Guru's Shabad, I have conquered the fortress. ||1||Pause||	(ਤੇਰੇ ਅੰਦਰ) ਪਰਮਾਤਮਾ ਦਾ ਨਾਮ ਇਕ ਕੀਮਤੀ ਚੀਜ਼ (ਹੈ, ਪਰ ਉਹ) ਮਾਇਆ ਦੇ (ਮੋਹ ਦੇ) ਕਿਲ੍ਹੇ ਵਿਚ ਘਿਰੀ ਪਈ ਹੈ (ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਉਸ) ਕਿਲ੍ਹੇ ਨੂੰ ਗੁਰੂ ਦੇ ਸ਼ਬਦ ਦੀ ਰਾਹੀਂ ਜਿੱਤ ਲੈਂਦਾ ਹੈ ॥੧॥ ਰਹਾਉ ॥
55604	1295	ਮਿਥਿਆ ਭਰਮਿ ਭਰਮਿ ਬਹੁ ਭ੍ਰਮਿਆ ਲੁਬਧੋ ਪੁਤ੍ਰ ਕਲਤ੍ਰ ਮੋਹ ਪ੍ਰੀਤਿ॥	ਕ-ਲੱਤ੍ਰ	Mithhiaa Bharam Bharam Bahu Bhramiaa Lubadhho Puthr Kalathr Moh Preeth ||	In false doubt and superstition, people wander all around, lured by love and emotional attachment to their children and families.	(ਜੀਵ) ਨਾਸਵੰਤ ਪਦਾਰਥਾਂ ਦੀ ਖ਼ਾਤਰ ਸਦਾ ਹੀ ਭਟਕਦਾ ਫਿਰਦਾ ਹੈ, ਪੁੱਤਰ ਇਸਤ੍ਰੀ ਦੇ ਮੋਹ ਪਿਆਰ ਵਿਚ ਫਸਿਆ ਰਹਿੰਦਾ ਹੈ।
55605	1295	ਜੈਸੇ ਤਰਵਰ ਕੀ ਤੁਛ ਛਾਇਆ ਖਿਨ ਮਹਿ ਬਿਨਸਿ ਜਾਇ ਦੇਹ ਭੀਤਿ॥੧॥		Jaisae Tharavar Kee Thushh Shhaaeiaa Khin Mehi Binas Jaae Dhaeh Bheeth ||1||	But just like the passing shade of the tree, your body-wall shall crumble in an instant. ||1||	ਪਰ ਜਿਵੇਂ ਰੁੱਖ ਦੀ ਛਾਂ ਥੋੜ੍ਹੇ ਹੀ ਸਮੇ ਲਈ ਹੁੰਦੀ ਹੈ, ਤਿਵੇਂ ਮਨੁੱਖ ਦਾ ਆਪਣਾ ਹੀ ਸਰੀਰ ਇਕ ਖਿਨ ਵਿਚ ਢਹਿ ਜਾਂਦਾ ਹੈ (ਜਿਵੇਂ ਕੱਚੀ) ਕੰਧ ॥੧॥

55606	1295	ਹਮਰੇ ਪ੍ਰਾਨ ਪ੍ਰੀਤਮ ਜਨ ਊਤਮ ਜਿਨ ਮਿਲਿਆ ਮਨਿ ਹੋਇ ਪ੍ਰਤੀਤਿ॥		Hamarae Praan Preetham Jan Ootham Jin Miliaa Man Hoe Pratheeth ||	The humble beings are exalted; they are my breath of life and my beloveds; meeting them, my mind is filled with faith.	ਪਰਮਾਤਮਾ ਦੇ ਸੇਵਕ ਉੱਚੇ ਜੀਵਨ ਵਾਲੇ ਹੁੰਦੇ ਹਨ, ਉਹ ਸਾਨੂੰ ਪ੍ਰਾਣਾਂ ਤੋਂ ਭੀ ਪਿਆਰੇ ਲੱਗਦੇ ਹਨ, ਕਿਉਂਕਿ ਉਹਨਾਂ ਨੂੰ ਮਿਲਿਆਂ ਮਨ ਵਿਚ (ਪਰਮਾਤਮਾ ਵਾਸਤੇ) ਸਰਧਾ ਪੈਦਾ ਹੁੰਦੀ ਹੈ,
55607	1295	ਪਰਚੈ ਰਾਮੁ ਰਵਿਆ ਘਟ ਅੰਤਰਿ ਅਸਥਿਰੁ ਰਾਮੁ ਰਵਿਆ ਰੰਗਿ ਪ੍ਰੀਤਿ॥੨॥		Parachai Raam Raviaa Ghatt Anthar Asathhir Raam Raviaa Rang Preeth ||2||	Deep within the heart, I am happy with the Pervading Lord; with love and joy, I dwell upon the Steady and Stable Lord. ||2||	ਪਰਮਾਤਮਾ ਪ੍ਰਸੰਨ ਹੁੰਦਾ ਹੈ, ਸਭ ਸਰੀਰਾਂ ਵਿਚ ਵੱਸਦਾ ਦਿੱਸਦਾ ਹੈ, ਉਸ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨੂੰ ਪ੍ਰੇਮ-ਰੰਗ ਵਿਚ ਸਿਮਰਿਆ ਜਾ ਸਕਦਾ ਹੈ ॥੨॥
55608	1296	ਹਰਿ ਕੇ ਸੰਤ ਸੰਤ ਜਨ ਨੀਕੇ ਜਿਨ ਮਿਲਿਆਂ ਮਨੁ ਰੰਗਿ ਰੰਗੀਤਿ॥		Har Kae Santh Santh Jan Neekae Jin Miliaaan Man Rang Rangeeth ||	The humble Saints, the Saints of the Lord, are noble and sublime; meeting them, the mind is tinged with love and joy.	ਪਰਮਾਤਮਾ ਦੇ ਭਗਤ ਚੰਗੇ ਜੀਵਨ ਵਾਲੇ ਹੁੰਦੇ ਹਨ, ਕਿਉਂਕਿ ਉਹਨਾਂ ਨੂੰ ਮਿਲਿਆਂ ਮਨ ਪ੍ਰੇਮ-ਰੰਗ ਵਿਚ ਰੰਗਿਆ ਜਾਂਦਾ ਹੈ।
55609	1296	ਹਰਿ ਰੰਗੁ ਲਹੈ ਨ ਉਤਰੈ ਕਬਹੂ ਹਰਿ ਹਰਿ ਜਾਇ ਮਿਲੈ ਹਰਿ ਪ੍ਰੀਤਿ॥੩॥		Har Rang Lehai N Outharai Kabehoo Har Har Jaae Milai Har Preeth ||3||	The Lord's Love never fades away, and it never wears off. Through the Lord's Love, one goes and meets the Lord, Har, Har. ||3||	ਪ੍ਰਭੂ-ਪ੍ਰੇਮ ਦਾ ਉਹ ਰੰਗ ਕਦੇ ਭੀ ਲਹਿੰਦਾ ਨਹੀਂ, ਕਦੇ ਭੀ ਉਤਰਦਾ ਨਹੀਂ। ਉਸ ਪ੍ਰੇਮ ਦੀ ਬਰਕਤਿ ਨਾਲ ਮਨੁੱਖ ਪਰਮਾਤਮਾ ਦੇ ਚਰਨਾਂ ਵਿਚ ਆ ਪਹੁੰਚਦਾ ਹੈ ॥੩॥

55610	1296	ਹਮ ਬਹੁ ਪਾਪ ਕੀਏ ਅਪਰਾਧੀ ਗੁਰਿ ਕਾਟੇ ਕਟਿਤ ਕਟੀਤਿ॥		Ham Bahu Paap Keeeae Aparaadhhee Gur Kaattae Kattith Katteeth ||	I am a sinner; I have committed so many sins. The Guru has cut them, cut them, and hacked them off.	ਅਸੀਂ ਜੀਵ ਬੜੇ ਪਾਪ ਕਰਦੇ ਰਹਿੰਦੇ ਹਾਂ, ਅਸੀਂ ਬੜੇ ਮੰਦ-ਕਰਮੀ ਹਾਂ (ਜਿਹੜੇ ਭੀ ਮਨੁੱਖ ਗੁਰੂ ਦੀ ਸਰਨ ਜਾ ਪਏ) ਗੁਰੂ ਨੇ (ਉਹਨਾਂ ਦੇ ਸਾਰੇ ਪਾਪ) ਪੂਰਨ ਤੌਰ ਤੇ ਕੱਟ ਦਿੱਤੇ।
55611	1296	ਹਰਿ ਹਰਿ ਨਾਮੁ ਦੀਓ ਮੁਖਿ ਅਉਖਧੁ ਜਨ ਨਾਨਕ ਪਤਿਤ ਪੁਨੀਤਿ॥੪॥੫॥		Har Har Naam Dheeou Mukh Aoukhadhh Jan Naanak Pathith Puneeth ||4||5||	The Guru has placed the healing remedy of the Name of the Lord, Har, Har, into my mouth. Servant Nanak, the sinner, has been purified and sanctified. ||4||5||	ਹੇ ਦਾਸ ਨਾਨਕ! (ਗੁਰੂ ਨੇ ਜਿਨ੍ਹਾਂ ਦੇ) ਮੁਖ ਵਿਚ ਪਰਮਾਤਮਾ ਦਾ ਨਾਮ-ਦਾਰੂ ਦਿੱਤਾ, ਉਹਨਾਂ ਨੂੰ ਵਿਕਾਰੀਆਂ ਤੋਂ ਪਵਿੱਤਰ ਜੀਵਨ ਵਾਲੇ ਬਣਾ ਦਿੱਤਾ ॥੪॥੫॥
55612	1296	ਕਾਨੜਾ ਮਹਲਾ ੪॥		Kaanarraa Mehalaa 4 ||	Kaanraa, Fourth Mehl:	
55613	1296	ਜਪਿ ਮਨ ਰਾਮ ਨਾਮ ਜਗੰਨਾਥ॥		Jap Man Raam Naam Jagannaathh ||	Chant, O my mind, the Name of the Lord, the Lord of the Universe.	ਹੇ ਮਨ! ਜਗਤ ਦੇ ਨਾਥ ਪਰਮਾਤਮਾ ਦਾ ਨਾਮ ਜਪਿਆ ਕਰ।

55614	1296	ਘੂਮਨਘੇਰ ਪਰੇ ਬਿਖੁ ਬਿਖਿਆ ਸਤਿਗੁਰ ਕਾਢਿ ਲੀਏ ਦੇ ਹਾਥ॥੧॥ਰਹਾਉ॥	ਘੂਮਨ-ਘੇਰ	Ghooman Ghaer Parae Bikh Bikhiaa Sathigur Kaadt Leeeae Dhae Haathh ||1|| Rehaao ||	I was caught in the whirlpool of poisonous sin and corruption. The True Guru gave me His Hand; He lifted me up and pulled me out. ||1||Pause||	(ਜਿਹੜੇ ਮਨੁੱਖ) ਆਤਮਕ ਮੌਤ ਲਿਆਉਣ ਵਾਲੀ ਮਾਇਆ ਦੀਆਂ ਘੁੰਮਣ ਘੇਰੀਆਂ ਵਿਚ ਡਿੱਗੇ ਰਹਿੰਦੇ ਹਨ, ਉਹਨਾਂ ਨੂੰ ਭੀ ਗੁਰੂ (ਆਪਣਾ) ਹੱਥ ਦੇ ਕੇ (ਹਰਿ ਨਾਮ ਵਿਚ ਜੋੜ ਕੇ ਉਹਨਾਂ ਵਿਚੋਂ) ਕੱਢ ਲੈਂਦਾ ਹੈ ॥੧॥ ਰਹਾਉ ॥
55615	1296	ਸੁਆਮੀ ਅਭੈ ਨਿਰੰਜਨ ਨਰਹਰਿ ਤੁਮ੍ ਰਾਖਿ ਲੇਹੁ ਹਮ ਪਾਪੀ ਪਾਥ॥		Suaamee Abhai Niranjan Narehar Thumh Raakh Laehu Ham Paapee Paathh ||	O my Fearless, Immaculate Lord and Master, please save me - I am a sinner, a sinking stone.	ਹੇ (ਸਾਡੇ) ਮਾਲਕ-ਪ੍ਰਭੂ! ਹੇ ਨਿਰਭਉ ਪ੍ਰਭੂ! ਹੇ ਨਿਰਲੇਪ ਪ੍ਰਭੂ! ਅਸੀਂ ਜੀਵ ਪਾਪੀ ਹਾਂ, ਪੱਥਰ (ਹੋ ਚੁਕੇ) ਹਾਂ, (ਮਿਹਰ ਕਰ) ਸਾਨੂੰ (ਗੁਰੂ ਦੀ ਸੰਗਤ ਵਿਚ ਰੱਖ ਕੇ ਵਿਕਾਰਾਂ ਵਿਚ ਡੁੱਬਣੋਂ) ਬਚਾ ਲੈ।
55616	1296	ਕਾਮ ਕ੍ਰੋਧ ਬਿਖਿਆ ਲੋਭਿ ਲੁਭਤੇ ਕਾਸਟ ਲੋਹ ਤਰੇ ਸੰਗਿ ਸਾਥ॥੧॥		Kaam Krodhh Bikhiaa Lobh Lubhathae Kaasatt Loh Tharae Sang Saathh ||1||	I am lured and enticed by sexual desire, anger, greed and corruption, but associating with You, I am carried across, like iron in the wooden boat. ||1||	(ਅਸੀਂ) ਕਾਮ ਕ੍ਰੋਧ ਅਤੇ ਮਾਇਆ ਦੇ ਲੋਭ ਵਿਚ ਗ੍ਰਸੇ ਰਹਿੰਦੇ ਹਾਂ। (ਜਿਵੇਂ) ਕਾਠ (ਬੇੜੀ) ਦੀ ਸੰਗਤ ਵਿਚ ਲੋਹਾ (ਨਦੀ ਤੋਂ) ਪਾਰ ਲੰਘ ਜਾਂਦਾ ਹੈ (ਸਾਨੂੰ ਵੀ ਸੰਸਾਰ ਸਮੁੰਦ੍ਰ ਤੋਂ ਪਾਰ ਕਰ ਲੈ) ॥੧॥

55617	1296	ਤੁਮ੍ ਵਡ ਪੁਰਖ ਬਡ ਅਗਮ ਅਗੋਚਰ ਹਮ ਢੂਢਿ ਰਹੇ ਪਾਈ ਨਹੀ ਹਾਥ॥	ਵੱਡ,ਬੱਡ	Thumh Vadd Purakh Badd Agam Agochar Ham Dtoodt Rehae Paaee Nehee Haathh ||	You are the Great Primal Being, the most Inaccessible and Unfathomable Lord God; I search for You, but cannot find Your depth.	ਹੇ ਸੁਆਮੀ! ਤੂੰ (ਅਸਾਂ ਜੀਵਾਂ ਦੇ ਵਿਤ ਨਾਲੋਂ) ਬਹੁਤ ਹੀ ਵੱਡਾ ਹੈਂ, ਤੂੰ ਅਪਹੁੰਚ ਹੈਂ, ਜੀਵਾਂ ਦੇ ਗਿਆਨ-ਇੰਦ੍ਰਿਆਂ ਦੀ ਤੇਰੇ ਤਕ ਪਹੁੰਚ ਨਹੀਂ ਹੈ। ਅਸੀਂ ਜੀਵ ਭਾਲ ਕਰ ਕੇ ਥੱਕ ਗਏ ਹਾਂ, ਤੇਰੀ ਡੂੰਘਾਈ ਅਸੀਂ ਲੱਭ ਨਹੀਂ ਸਕੇ।
55618	1296	ਤੂ ਪਰੈ ਪਰੈ ਅਪਰੰਪਰੁ ਸੁਆਮੀ ਤੂ ਆਪਨ ਜਾਨਹਿ ਆਪਿ ਜਗੰਨਾਥ॥੨॥	ਅਪ-ਰੰਪਰੁ	Thoo Parai Parai Aparanpar Suaamee Thoo Aapan Jaanehi Aap Jagannaathh ||2||	You are the farthest of the far, beyond the beyond, O my Lord and Master; You alone know Yourself, O Lord of the Universe. ||2||	ਤੂੰ ਬੇਅੰਤ ਹੈਂ, ਪਰੇ ਤੋਂ ਪਰੇ ਹੈਂ। ਹੇ ਜਗਤ ਦੇ ਨਾਥ! ਆਪਣੇ ਆਪ ਨੂੰ ਤੂੰ ਆਪ ਹੀ ਜਾਣਦਾ ਹੈਂ ॥੨॥
55619	1296	ਅਦ੍ਰਿਸਟੁ ਅਗੋਚਰ ਨਾਮੁ ਧਿਆਏ ਸਤਸੰਗਤਿ ਮਿਲਿ ਸਾਧੂ ਪਾਥ॥		Adhrisatt Agochar Naam Dhhiaaeae Sathasangath Mil Saadhhoo Paathh ||	I meditate on the Name of the Unseen and Unfathomable Lord; joining the Sat Sangat, the True Congregation, I have found the Path of the Holy.	ਪਰਮਾਤਮਾ ਇਹਨਾਂ ਅੱਖਾਂ ਨਾਲ ਨਹੀਂ ਦਿੱਸਦਾ। (ਮਨੁੱਖ) ਉਸ ਅਗੋਚਰ ਪ੍ਰਭੂ ਦਾ ਨਾਮ ਸਾਧ-ਸੰਗਤ ਵਿਚ ਮਿਲ ਕੇ ਗੁਰੂ ਦਾ ਦਸਿਆ ਰਸਤਾ ਫੜ ਕੇ ਹੀ ਜਪ ਸਕਦਾ ਹੈ।

55620	1296	ਹਰਿ ਹਰਿ ਕਥਾ ਸੁਨੀ ਮਿਲਿ ਸੰਗਤਿ ਹਰਿ ਹਰਿ ਜਪਿਓ ਅਕਥ ਕਥ ਕਾਥ॥੩॥	ਅ-ਕਥ: ਪੋਲਾ ਬੋਲੋ	Har Har Kathhaa Sunee Mil Sangath Har Har Japiou Akathh Kathh Kaathh ||3||	Joining the congregation, I listen to the Gospel of the Lord, Har, Har; I meditate on the Lord, Har, Har, and speak the Unspoken Speech. ||3||	ਸਾਧ-ਸੰਗਤ ਵਿਚ ਮਿਲ ਕੇ ਹੀ ਪਰਮਾਤਮ ਦੀ ਸਿਫ਼ਤ-ਸਾਲਾਹ ਸੁਣੀ ਜਾ ਸਕਦੀ ਹੈ, ਉਸ ਹਰੀ ਦਾ ਨਾਮ ਜਪਿਆ ਜਾ ਸਕਦਾ ਹੈ ਜਿਸ ਦੇ ਸਾਰੇ ਗੁਣਾਂ ਦਾ ਬਿਆਨ (ਜੀਵਾਂ ਪਾਸੋਂ) ਨਹੀਂ ਹੋ ਸਕਦਾ ॥੩॥
55621	1296	ਹਮਰੇ ਪ੍ਰਭ ਜਗਦੀਸ ਗੁਸਾਈ ਹਮ ਰਾਖਿ ਲੇਹੁ ਜਗੰਨਾਥ॥		Hamarae Prabh Jagadhees Gusaaee Ham Raakh Laehu Jagannaathh ||	My God is the Lord of the World, the Lord of the Universe; please save me, O Lord of all Creation.	ਹੇ ਸਾਡੇ ਪ੍ਰਭੂ! ਹੇ ਜਗਤ ਦੇ ਮਾਲਕ! ਹੇ ਸ੍ਰਿਸ਼ਟੀ ਦੇ ਖਸਮ! ਹੇ ਜਗਤ ਦੇ ਨਾਥ! ਅਸਾਂ ਜੀਵਾਂ ਨੂੰ (ਕਾਮ ਕ੍ਰੋਧ ਲੋਭ ਆਦਿਕ ਤੋਂ) ਬਚਾਈ ਰੱਖ।
55622	1296	ਜਨ ਨਾਨਕੁ ਦਾਸੁ ਦਾਸ ਦਾਸਨ ਕੋ ਪ੍ਰਭ ਕਰਹੁ ਕ੍ਰਿਪਾ ਰਾਖਹੁ ਜਨ ਸਾਥ॥੪॥੬॥		Jan Naanak Dhaas Dhaas Dhaasan Ko Prabh Karahu Kirapaa Raakhahu Jan Saathh ||4||6||	Servant Nanak is the slave of the slave of Your slaves. O God, please bless me with Your Grace; please protect me and keep me with Your humble servants. ||4||6||	ਹੇ ਪ੍ਰਭੂ! ਤੇਰਾ ਦਾਸ ਨਾਨਕ ਤੇਰੇ ਦਾਸਾਂ ਦੇ ਦਾਸਾਂ ਦਾ ਦਾਸ ਹੈ। ਮਿਹਰ ਕਰ, (ਮੈਨੂੰ) ਆਪਣੇ ਸੇਵਕਾਂ ਦੀ ਸੰਗਤ ਵਿਚ ਰੱਖ ॥੪॥੬॥
55623	1296	ਕਾਨੜਾ ਮਹਲਾ ੪ ਪੜਤਾਲ ਘਰੁ ੫॥		Kaanarraa Mehalaa 4 Parrathaal Ghar 5 ||	Kaanraa, Fourth Mehl, Partaal, Fifth House:	ਰਾਗ ਕਾਨੜਾ, ਘਰ ੫ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਪੜਤਾਲ'।

55624	1296	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
55625	1296	ਮਨ ਜਾਪਹੁ ਰਾਮ ਗੁਪਾਲ॥		Man Jaapahu Raam Gupaal ||	O mind, meditate on the Lord, the Lord of the World.	ਹੇ (ਮੇਰੇ) ਮਨ! ਸ੍ਰਿਸ਼ਟੀ ਦੇ ਪਾਲਣਹਾਰ ਪਰਮਾਤਮਾ (ਦਾ ਨਾਮ) ਜਪਿਆ ਕਰ।
55626	1296	ਹਰਿ ਰਤਨ ਜਵੇਹਰ ਲਾਲ॥		Har Rathan Javaehar Laal ||	The Lord is the Jewel, the Diamond, the Ruby.	ਹੇ ਮਨ! ਹਰੀ ਦਾ ਨਾਮ ਰਤਨ ਹਨ, ਜਵਾਹਰ ਹਨ, ਲਾਲ ਹਨ।
55627	1296	ਹਰਿ ਗੁਰਮੁਖਿ ਘੜਿ ਟਕਸਾਲ॥		Har Guramukh Gharr Ttakasaal ||	The Lord fashions the Gurmukhs in His Mint.	ਹੇ ਮਨ! ਹਰੀ ਦਾ ਨਾਮ (ਤੇਰੇ ਵਾਸਤੇ ਇਕ ਸੁੰਦਰ ਗਹਿਣਾ ਹੈ, ਇਸ ਨੂੰ) ਗੁਰੂ ਦੀ ਸਰਨ ਪੈ ਕੇ (ਸਾਧ ਸੰਗਤ ਦੀ) ਟਕਸਾਲ ਵਿਚ ਘੜਿਆ ਕਰ।
55628	1296	ਹਰਿ ਹੋ ਹੋ ਕਿਰਪਾਲ॥੧॥ਰਹਾਉ ॥		Har Ho Ho Kirapaal ||1|| Rehaao ||	O Lord, please, please, be Merciful to me. ||1||Pause||	ਹੇ ਮਨ! ਹਰੀ ਸਦਾ ਦਇਆਵਾਨ ਹੈ ॥੧॥ ਰਹਾਉ ॥
55629	1296	ਤੁਮਰੇ ਗੁਨ ਅਗਮ ਅਗੋਚਰ ਏਕ ਜੀਹ ਕਿਆ ਕਥੈ ਬਿਚਾਰੀ ਰਾਮ ਰਾਮ ਰਾਮ ਰਾਮ ਲਾਲ॥		Thumarae Gun Agam Agochar Eaek Jeeh Kiaa Kathhai Bichaaree Raam Raam Raam Raam Laal ||	Your Glorious Virtues are inaccessible and unfathomable; how can my one poor tongue describe them? O my Beloved Lord, Raam, Raam, Raam, Raam.	ਹੇ ਪ੍ਰਭੂ! ਹੇ ਸੋਹਣੇ ਲਾਲ! ਤੇਰੇ ਗੁਣਾਂ ਤਕ ਪਹੁੰਚ ਨਹੀਂ ਹੋ ਸਕਦੀ, ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, (ਜੀਵ ਦੀ) ਵਿਚਾਰੀ ਇੱਕ ਜੀਭ (ਤੇਰੇ ਗੁਣਾਂ ਨੂੰ) ਬਿਆਨ ਨਹੀਂ ਕਰ ਸਕਦੀ।

55630	1296	ਤੁਮਰੀ ਜੀ ਅਕਥ ਕਥਾ ਤੂ ਤੂ ਤੂਹੀ ਜਾਨਹਿ ਹਉ ਹਰਿ ਜਪਿ ਭਈ ਨਿਹਾਲ ਨਿਹਾਲ ਨਿਹਾਲ॥੧॥	ਅ-ਕਥ ਕਥਾ: ਪੋਲੇ ਬੋਲੋ	Thumaree Jee Akathh Kathhaa Thoo Thoo Thoo Hee Jaanehi Ho Har Jap Bhee Nihaal Nihaal Nihaal ||1||	O Dear Lord, You, You, You alone know Your Unspoken Speech. I have become enraptured, enraptured, enraptured, meditating on the Lord. ||1||	ਹੇ ਪ੍ਰਭੂ ਜੀ! ਤੇਰੀ ਸਿਫ਼ਤ-ਸਾਲਾਹ ਬਿਆਨ ਤੋਂ ਪਰੇ ਹੈ, ਤੂੰ ਆਪ ਹੀ (ਆਪਣੀਆਂ ਸਿਫ਼ਤਾਂ) ਜਾਣਦਾ ਹੈਂ। ਹੇ ਹਰੀ! ਮੈਂ (ਤੇਰਾ ਨਾਮ) ਜਪ ਕੇ ਸਦਾ ਲਈ ਪ੍ਰਸੰਨ-ਚਿੱਤ ਹੋ ਗਈ ਹਾਂ ॥੧॥
55631	1296	ਹਮਰੇ ਹਰਿ ਪ੍ਰਾਨ ਸਖਾ ਸੁਆਮੀ ਹਰਿ ਮੀਤਾ ਮੇਰੇ ਮਨਿ ਤਨਿ ਜੀਹ ਹਰਿ ਹਰੇ ਹਰੇ ਰਾਮ ਨਾਮ ਧਨੁ ਮਾਲ॥	(ਜੀਹ) ਜ਼ਬਾਨ	Hamarae Har Praan Sakhaa Suaamee Har Meethaa Maerae Man Than Jeeh Har Harae Harae Raam Naam Dhhan Maal ||	The Lord, my Lord and Master, is my Companion and my Breath of Life; the Lord is my Best Friend. My mind, body and tongue are attuned to the Lord, Har, Haray, Haray. The Lord is my Wealth and Property.	ਪ੍ਰਭੂ ਜੀ ਅਸਾਂ ਜੀਵਾਂ ਦੇ ਪ੍ਰਾਣਾਂ ਦੇ ਮਿੱਤਰ ਹਨ, ਸਾਡੇ ਮਾਲਕ ਹਨ, ਸਾਡੇ ਮਿੱਤਰ ਹਨ। ਮੇਰੇ ਮਨ ਵਿਚ, ਮੇਰੇ ਤਨ ਵਿਚ, ਮੇਰੀ ਜੀਭ ਵਾਸਤੇ ਪਰਮਾਤਮਾ ਦਾ ਨਾਮ ਹੀ ਧਨ ਹੈ ਨਾਮ ਹੀ ਸਰਮਾਇਆ ਹੈ।

55632	1296	ਜਾ ਕੋ ਭਾਗੁ ਤਿਨਿ ਲੀਓ ਰੀ ਸੁਹਾਗੁ ਹਰਿ ਹਰਿ ਹਰੇ ਹਰੇ ਗੁਨ ਗਾਵੈ ਗੁਰਮਤਿ ਹਉ ਬਲਿ ਬਲੇ ਹਉ ਬਲਿ ਬਲੇ ਜਨ ਨਾਨਕ ਹਰਿ ਜਪਿ ਭਈ ਨਿਹਾਲ ਨਿਹਾਲ ਨਿਹਾਲ॥੨॥੧॥੭॥		Jaa Ko Bhaag Thin Leeou Ree Suhaag Har Har Harae Harae Gun Gaavai Guramath Ho Bal Balae Ho Bal Balae Jan Naanak Har Jap Bhee Nihaal Nihaal Nihaal ||2||1||7||	TSK	ਹੇ ਸਹੇਲੀ! ਜਿਸ ਦੇ ਮੱਥੇ ਦਾ ਭਾਗ ਜਾਗ ਪਿਆ, ਉਸ ਨੇ ਆਪਣਾ ਖਸਮ-ਪ੍ਰਭੂ ਲੱਭ ਲਿਆ, ਉਹ ਗੁਰੂ ਦੀ ਮੱਤ ਉੱਤੇ ਤੁਰ ਕੇ ਸਦਾ ਪ੍ਰਭੂ ਦੇ ਗੁਣ ਗਾਂਦੀ ਹੈ। ਹੇ ਦਾਸ ਨਾਨਕ! ਮੈਂ ਪ੍ਰਭੂ ਤੋਂ ਸਦਾ ਸਦਕੇ ਹਾਂ, ਉਸ ਦਾ ਨਾਮ ਜਪ ਜਪ ਕੇ ਮੇਰੇ ਅੰਦਰ ਖਿੜਾਉ ਪੈਦਾ ਹੋ ਜਾਂਦਾ ਹੈ ॥੨॥੧॥੭॥
55633	1296	ਕਾਨੜਾ ਮਹਲਾ ੪॥		Kaanarraa Mehalaa 4 ||	Kaanraa, Fourth Mehl:	
55634	1296	ਹਰਿ ਗੁਨ ਗਾਵਹੁ ਜਗਦੀਸ॥		Har Gun Gaavahu Jagadhees ||	Sing the Glorious Praises of the Lord, the Lord of the Universe.	ਉਸ ਜਗਤ ਦੇ ਮਾਲਕ-ਪ੍ਰਭੂ ਦੇ ਗੁਣ ਸਦਾ ਗਾਂਦੇ ਰਹੋ।
55635	1296	ਏਕਾ ਜੀਹ ਕੀਚੈ ਲਖ ਬੀਸ॥	ਲੱਖ	Eaekaa Jeeh Keechai Lakh Bees ||	Let my one tongue become two hundred thousand	(ਪਰਮਾਤਮਾ ਦਾ ਨਾਮ ਜਪਣ ਵਾਸਤੇ) ਆਪਣੀ ਇੱਕ ਜੀਭ ਨੂੰ ਵੀਹ ਲੱਖ ਜੀਭਾਂ ਬਣਾ ਲੈਣਾ ਚਾਹੀਦਾ ਹੈ।

55636	1296	ਜਪਿ ਹਰਿ ਹਰਿ ਸਬਦਿ ਜਪੀਸ॥		Jap Har Har Sabadh Japees ||	With them all, I will meditate on the Lord, Har, Har, and chant the Word of the Shabad.	ਗੁਰੂ ਦੇ ਸ਼ਬਦ ਦੀ ਰਾਹੀਂ ਉਸ ਜਪਣ-ਯੋਗ ਹਰੀ ਦਾ ਨਾਮ ਸਦਾ ਜਪਿਆ ਕਰੋ।
55637	1296	ਹਰਿ ਹੋ ਹੋ ਕਿਰਪੀਸ॥੧॥ਰਹਾਉ ॥	(ਕਿਰਪੀਸ) ਕ੍ਰਿਪਾਲੂ	Har Ho Ho Kirapees ||1|| Rehaao ||	O Lord, please, please, be Merciful to me. ||1||Pause||	ਹੇ ਭਾਈ! ਹਰੀ ਪ੍ਰਭੂ ਦਇਆ ਦਾ ਘਰ ਹੈ ॥੧॥ ਰਹਾਉ ॥
55638	1296	ਹਰਿ ਕਿਰਪਾ ਕਰਿ ਸੁਆਮੀ ਹਮ ਲਾਇ ਹਰਿ ਸੇਵਾ ਹਰਿ ਜਪਿ ਜਪੇ ਹਰਿ ਜਪਿ ਜਪੇ ਜਪੁ ਜਾਪਉ ਜਗਦੀਸ॥	ਜੱਗਦੀਸ	Har Kirapaa Kar Suaamee Ham Laae Har Saevaa Har Jap Japae Har Jap Japae Jap Jaapo Jagadhees ||	O Lord, my Lord and Master, please be Merciful to me; please enjoin me to serve You. I chant and meditate on the Lord, I chant and meditate on the Lord, I chant and meditate on the Lord of the Universe.	ਹੇ ਹਰੀ! ਹੇ ਸੁਆਮੀ! ਮਿਹਰ ਕਰ, ਅਸਾਂ ਜੀਵਾਂ ਨੂੰ ਆਪਣੀ ਭਗਤੀ ਵਿਚ ਲਾਈ ਰੱਖ। ਹੇ ਹਰੀ! ਹੇ ਜਗਤ ਦੇ ਈਸ਼ਵਰ! ਮੈਂ ਸਦਾ ਹੀ ਤੇਰਾ ਨਾਮ ਜਪਦਾ ਰਹਾਂ।
55639	1296	ਤੁਮਰੇ ਜਨ ਰਾਮੁ ਜਪਹਿ ਤੇ ਊਤਮ ਤਿਨ ਕਉ ਹਉ ਘੁਮਿ ਘੁਮੇ ਘੁਮਿ ਘੁਮਿ ਜੀਸ॥੧॥		Thumarae Jan Raam Japehi Thae Ootham Thin Ko Ho Ghum Ghumae Ghum Ghum Jees ||1||	Your humble servants chant and meditate on You, O Lord; they are sublime and exalted. I am a sacrifice, a sacrifice, a sacrifice to them. ||1||	ਹੇ ਪ੍ਰਭੂ! ਜਿਹੜੇ ਤੇਰੇ ਸੇਵਕ ਤੇਰਾ ਰਾਮ-ਨਾਮ ਜਪਦੇ ਹਨ ਉਹ ਉੱਚੇ ਜੀਵਨ ਵਾਲੇ ਬਣ ਜਾਂਦੇ ਹਨ, ਮੈਂ ਉਹਨਾਂ ਤੋਂ ਸਦਕੇ ਜਾਂਦਾ ਹਾਂ, ਸਦਾ ਸਦਕੇ ਜਾਂਦਾ ਹਾਂ ॥੧॥

55640	1297	ਹਰਿ ਤੁਮ ਵਡ ਵਡੇ ਵਡੇ ਵਡ ਊਚੇ ਸੋ ਕਰਹਿ ਜਿ ਤੁਧੁ ਭਾਵੀਸ॥		Har Thum Vadd Vaddae Vaddae Vadd Oochae So Karehi J Thudhh Bhaavees ||	O Lord, You are the Greatest of the Great, the Greatest of the Great, the most Lofty and High. You do whatever You please.	ਹੇ ਹਰੀ! ਤੂੰ ਸਭ ਤੋਂ ਵੱਡਾ ਹੈਂ ਤੂੰ ਬਹੁਤ ਵੱਡਾ ਹੈਂ, ਤੂੰ ਉਹ ਕਰਦਾ ਹੈਂ ਜੋ ਤੈਨੂੰ ਚੰਗਾ ਲੱਗਦਾ ਹੈ।
55641	1297	ਜਨ ਨਾਨਕ ਅੰਮ੍ਰਿਤੁ ਪੀਆ ਗੁਰਮਤੀ ਧਨੁ ਧੰਨੁ ਧਨੁ ਧੰਨੁ ਧੰਨੁ ਗੁਰੂ ਸਾਬੀਸ॥੨॥੨॥੮॥		Jan Naanak Anmrith Peeaa Guramathee Dhhan Dhhann Dhhan Dhhann Dhhann Guroo Saabees ||2||2||8||	Servant Nanak drinks in the Ambrosial Nectar through the Guru's Teachings. Blessed, blessed, blessed, blessed, blessed and praised is the Guru. ||2||2||8||	ਹੇ ਦਾਸ ਨਾਨਕ! ਉਹ ਗੁਰੂ ਧੰਨ ਹੈ, ਸਲਾਹੁਣ-ਜੋਗ ਹੈ, ਜਿਸ ਦੀ ਮੱਤ ਲੈ ਕੇ ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਲਈਦਾ ਹੈ ॥੨॥੨॥੮॥
55642	1297	ਕਾਨੜਾ ਮਹਲਾ ੪॥		Kaanarraa Mehalaa 4 ||	Kaanraa, Fourth Mehl:	
55643	1297	ਭਜੁ ਰਾਮੋ ਮਨਿ ਰਾਮ॥		Bhaj Raamo Man Raam ||	O mind, meditate and vibrate on the Lord, Raam, Raam.	ਹੇ ਭਾਈ! ਉਸ ਦੇ ਨਾਮ ਦਾ ਭਜਨ ਆਪਣੇ ਮਨ ਵਿਚ ਕਰਿਆ ਕਰ,
55644	1297	ਜਿਸੁ ਰੂਪ ਨ ਰੇਖ ਵਡਾਮ॥		Jis Roop N Raekh Vaddaam ||	He has no form or feature - He is Great!	ਜਿਸ ਰਾਮ ਦੀ ਸ਼ਕਲ ਜਿਸ ਦੇ ਚਿਹਨ-ਚੱਕਰ ਨਹੀਂ ਦੱਸੇ ਜਾ ਸਕਦੇ, ਜੋ ਰਾਮ ਸਭ ਤੋਂ ਵੱਡਾ ਹੈ।

55645	1297	ਸਤਸੰਗਤਿ ਮਿਲੁ ਭਜੁ ਰਾਮ॥		Sathasangath Mil Bhaj Raam ||	Joining the Sat Sangat, the True Congregation, vibrate and meditate on the Lord.	ਹੇ ਭਾਈ! ਸਾਧ ਸੰਗਤ ਵਿਚ ਮਿਲ ਅਤੇ ਰਾਮ ਦਾ ਭਜਨ ਕਰ,
55646	1297	ਬਡ ਹੋ ਹੋ ਭਾਗ ਮਥਾਮ॥੧॥ਰਹਾਉ॥	(ਮਥਾਮ) ਮੱਥੇ	Badd Ho Ho Bhaag Mathhaam ||1|| Rehaao ||	This is the high destiny written on your forehead. ||1||Pause||	ਤੇਰੇ ਮੱਥੇ ਦੇ ਵੱਡੇ ਭਾਗ ਹੋ ਜਾਣਗੇ ॥੧॥ ਰਹਾਉ ॥
55647	1297	ਜਿਤੁ ਗ੍ਰਿਹਿ ਮੰਦਰਿ ਹਰਿ ਹੋਤੁ ਜਾਸੁ ਤਿਤੁ ਘਰਿ ਆਨਦੋ ਆਨੰਦੁ ਭਜੁ ਰਾਮ ਰਾਮ ਰਾਮ॥		Jith Grihi Mandhar Har Hoth Jaas Thith Ghar Aanadho Aanandh Bhaj Raam Raam Raam ||	That household, that mansion, in which the Lord's Praises are sung - that home is filled with ecstasy and joy; so vibrate and meditate on the Lord, Raam, Raam, Raam.	ਜਿਸ ਹਿਰਦੇ-ਘਰ ਵਿਚ ਜਿਸ ਹਿਰਦੇ-ਮੰਦਰ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਹੁੰਦੀ ਹੈ, ਉਸ ਹਿਰਦੇ-ਘਰ ਵਿਚ ਆਨੰਦ ਹੀ ਆਨੰਦ ਬਣਿਆ ਰਹਿੰਦਾ ਹੈ। ਸਦਾ ਰਾਮ ਦਾ ਭਜਨ ਕਰਦਾ ਰਹੁ।

55648	1297	ਰਾਮ ਨਾਮ ਗੁਨ ਗਾਵਹੁ ਹਰਿ ਪ੍ਰੀਤਮ ਉਪਦੇਸਿ ਗੁਰੂ ਗੁਰ ਸਤਿਗੁਰਾ ਸੁਖੁ ਹੋਤੁ ਹਰਿ ਹਰੇ ਹਰਿ ਹਰੇ ਹਰੇ ਭਜੁ ਰਾਮ ਰਾਮ ਰਾਮ॥੧॥		Raam Naam Gun Gaavahu Har Preetham Oupadhaes Guroo Gur Sathiguraa Sukh Hoth Har Harae Har Harae Harae Bhaj Raam Raam Raam ||1||	TSK	ਹਰੀ ਪ੍ਰੀਤਮ ਦੇ ਨਾਮ ਦੇ ਗੁਣ ਗਾਂਦਾ ਰਹੁ, ਗੁਰੂ ਸਤਿਗੁਰ ਦੇ ਉਪਦੇਸ਼ ਦੀ ਰਾਹੀਂ ਗੁਣ ਗਾਂਦਾ ਰਹੁ। ਰਾਮ ਨਾਮ ਦਾ ਭਜਨ ਕਰਦਾ ਰਹੁ, ਹਰਿ-ਨਾਮ ਜਪਿਆਂ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ॥੧॥
55649	1297	ਸਭ ਸਿਸਟਿ ਧਾਰ ਹਰਿ ਤੁਮ ਕਿਰਪਾਲ ਕਰਤਾ ਸਭੁ ਤੂ ਤੂ ਤੂ ਰਾਮ ਰਾਮ ਰਾਮ॥		Sabh Sisatt Dhhaar Har Thum Kirapaal Karathaa Sabh Thoo Thoo Thoo Raam Raam Raam ||	You are the Support of the whole universe, Lord; O Merciful Lord, You, You, You are the Creator of all, Raam, Raam, Raam.	ਹੇ ਹਰੀ! ਤੂੰ ਸਾਰੀ ਸ੍ਰਿਸ਼ਟੀ ਦਾ ਆਸਰਾ ਹੈਂ, ਤੂੰ ਦਇਆ ਦਾ ਘਰ ਹੈਂ, ਤੂੰ ਸਭ ਦਾ ਪੈਦਾ ਕਰਨ ਵਾਲਾ ਹੈਂ, ਹਰ ਥਾਂ ਤੂੰ ਹੀ ਤੂੰ ਹੈਂ।
55650	1297	ਜਨ ਨਾਨਕੋ ਸਰਣਾਗਤੀ ਦੇਹੁ ਗੁਰਮਤੀ ਭਜੁ ਰਾਮ ਰਾਮ ਰਾਮ॥੨॥੩॥੯॥	ਸਰਣਾ-ਗਤੀ	Jan Naanako Saranaagathee Dhaehu Guramathee Bhaj Raam Raam Raam ||2||3||9||	Servant Nanak seeks Your Sanctuary; please bless him with the Guru's Teachings, that he may vibrate and meditate on the Lord, Raam, Raam, Raam. ||2||3||9||	ਦਾਸ ਨਾਨਕ ਤੇਰੀ ਸਰਨ ਆਇਆ ਹੈ, (ਦਾਸ ਨੂੰ) ਗੁਰੂ ਦੀ ਸਿੱਖਿਆ ਬਖ਼ਸ਼। ਸਦਾ ਰਾਮ ਦੇ ਨਾਮ ਦਾ ਭਜਨ ਕਰਦਾ ਰਹੁ ॥੨॥੩॥੯॥

55651	1297	ਕਾਨੜਾ ਮਹਲਾ ੪॥		Kaanarraa Mehalaa 4 ||	Kaanraa, Fourth Mehl:	
55652	1297	ਸਤਿਗੁਰ ਚਾਟਉ ਪਗ ਚਾਟ॥	ਚੱਟਣ ਦੀ (ਚਾਟ) ਇੱਛਾ। ਪਗ: ਪੋਲਾ ਬੋਲੋ	Sathigur Chaatto Pag Chaatt ||	I eagerly kiss the Feet of the True Guru.	ਮੈਂ ਉਸ ਗੁਰੂ ਦੇ ਚਰਨ ਚੁੰਮਦਾ ਹਾਂ,
55653	1297	ਜਿਤੁ ਮਿਲਿ ਹਰਿ ਪਾਧਰ ਬਾਟ॥	ਹਰੀ ਜੀ ਦੇ ਮਿਲਾਪ ਦਾ (ਪਾਧਰ) ਪੱਧਰ ਸਾਫ਼। (ਬਾਟ) ਰਸਤਾ ਪ੍ਰਾਪਤ ਹੋਇਆ ਹੈ	Jith Mil Har Paadhhar Baatt ||	Meeting Him, the Path to the Lord becomes smooth and easy.	ਜਿਸ ਗੁਰੂ ਨੂੰ ਮਿਲ ਕੇ ਪਰਮਾਤਮਾ ਦੇ ਮਿਲਾਪ ਦਾ ਸਿੱਧਾ ਰਾਹ ਲੱਭ ਪੈਂਦਾ ਹੈ।
55654	1297	ਭਜੁ ਹਰਿ ਰਸੁ ਰਸ ਹਰਿ ਗਾਟ॥		Bhaj Har Ras Ras Har Gaatt ||	I lovingly vibrate and meditate on the Lord, and gulp down His Sublime Essence.	(ਤੂੰ ਭੀ ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਭਜਨ ਕਰਿਆ ਕਰ, ਪਰਮਾਤਮਾ ਦਾ ਨਾਮ-ਜਲ ਗਟ ਗਟ ਕਰ ਕੇ ਪੀਆ ਕਰ।
55655	1297	ਹਰਿ ਹੋ ਹੋ ਲਿਖੇ ਲਿਲਾਟ॥੧॥ਰਹਾਉ ॥		Har Ho Ho Likhae Lilaatt ||1|| Rehaao ||	The Lord has written this destiny on my forehead. ||1||Pause||	ਹੇ ਭਾਈ! ਤੇਰੇ ਮੱਥੇ ਦੇ ਲੇਖ ਉੱਘੜ ਪੈਣਗੇ ॥੧॥ ਰਹਾਉ ॥

55656	1297	ਖਟ ਕਰਮ ਕਿਰਿਆ ਕਰਿ ਬਹੁ ਬਹੁ ਬਿਸਥਾਰ ਸਿਧ ਸਾਧਿਕ ਜੋਗੀਆ ਕਰਿ ਜਟ ਜਟਾ ਜਟ ਜਾਟ॥	ਖਟ, ਜਟ, ਜਟਾ: ਪੋਲੇ ਬੋਲੋ	Khatt Karam Kiriaa Kar Bahu Bahu Bisathhaar Sidhh Saadhhik Jogeeaa Kar Jatt Jattaa Jatt Jaatt ||	Some perform the six rituals and rites; the Siddhas, seekers and Yogis put on all sorts of pompous shows, with their hair all tangled and matted.	(ਪੰਡਿਤਾਂ ਵਾਂਗ ਸ਼ਾਸਤ੍ਰਾਂ ਦੇ ਦੱਸੇ ਹੋਏ) ਛੇ ਕਰਮਾਂ ਦੀ ਕਿਰਿਆ ਕਰ ਕੇ (ਇਹੋ ਜਿਹੇ) ਹੋਰ ਬਥੇਰੇ ਖਿਲਾਰੇ ਕਰ ਕੇ, ਸਿੱਧਾਂ ਜੋਗੀਆਂ ਸਾਧਿਕਾਂ ਵਾਂਗ ਜਟਾਂ ਧਾਰ ਕੇ,
55657	1297	ਕਰਿ ਭੇਖ ਨ ਪਾਈਐ ਹਰਿ ਬ੍ਰਹਮ ਜੋਗੁ ਹਰਿ ਪਾਈਐ ਸਤਸੰਗਤੀ ਉਪਦੇਸਿ ਗੁਰੂ ਗੁਰ ਸੰਤ ਜਨਾ ਖੋਲਿ ਖੋਲਿ ਕਪਾਟ॥੧॥	ਸਤਸੰਗਤੀਂ	Kar Bhaekh N Paaeeai Har Breham Jog Har Paaeeai Sathasangathee Oupadhaes Guroo Gur Santh Janaa Khol Khol Kapaatt ||1||	Yoga - Union with the Lord God - is not obtained by wearing religious robes; the Lord is found in the Sat Sangat, the True Congregation, and the Guru's Teachings. The humble Saints throw the doors wide open. ||1||	ਧਾਰਮਿਕ ਪਹਿਰਾਵੇ ਪਾਣ ਨਾਲ ਪਰਮਾਤਮਾ ਦਾ ਮਿਲਾਪ ਹਾਸਲ ਨਹੀਂ ਕਰ ਸਕੀਦਾ। ਪਰਮਾਤਮਾ ਮਿਲਦਾ ਹੈ ਸਾਧ ਸੰਗਤ ਵਿਚ। (ਇਸ ਵਾਸਤੇ, ਹੇ ਭਾਈ!) ਸੰਤ ਜਨਾਂ ਦੀ ਸੰਗਤ ਵਿਚ ਰਹਿ ਕੇ ਗੁਰੂ ਦੇ ਉਪਦੇਸ਼ ਨਾਲ ਤੂੰ ਆਪਣੇ ਮਨ ਦੇ ਕਵਾੜ ਖੋਲ੍ਹ ॥੧॥

55658	1297	ਤੂ ਅਪਰੰਪਰੁ ਸੁਆਮੀ ਅਤਿ ਅਗਾਹੁ ਤੂ ਭਰਪੁਰਿ ਰਹਿਆ ਜਲ ਥਲੇ ਹਰਿ ਇਕੁ ਇਕੋ ਇਕ ਏਕੈ ਹਰਿ ਥਾਟ॥	ਅਪ-ਰੰਪਰੁ	Thoo Aparanpar Suaamee Ath Agaahu Thoo Bharapur Rehiaa Jal Thhalae Har Eik Eiko Eik Eaekai Har Thhaatt ||	O my Lord and Master, You are the farthest of the far, utterly unfathomable. You are totally pervading the water and the land. You alone are the One and Only Unique Lord of all creation.	ਹੇ ਪ੍ਰਭੂ! ਹੇ ਮਾਲਕ! ਤੂੰ ਪਰੇ ਤੋਂ ਪਰੇ ਹੈਂ, ਤੂੰ ਬਹੁਤ ਅਥਾਹ ਹੈਂ, ਤੂੰ ਪਾਣੀ ਵਿਚ ਧਰਤੀ ਵਿਚ ਹਰ ਥਾਂ ਵਿਆਪਕ ਹੈਂ। ਹੇ ਹਰੀ! ਇਹ ਸਾਰੀ ਜਗਤ-ਉਤਪੱਤੀ ਸਿਰਫ਼ ਤੇਰੀ ਹੀ ਹੈ।
55659	1297	ਤੂ ਜਾਣਹਿ ਸਭ ਬਿਧਿ ਬੂਝਹਿ ਆਪੇ ਜਨ ਨਾਨਕ ਕੇ ਪ੍ਰਭ ਘਟਿ ਘਟੇ ਘਟਿ ਘਟੇ ਘਟਿ ਹਰਿ ਘਾਟ॥੨॥੪॥੧੦॥		Thoo Jaanehi Sabh Bidhh Boojhehi Aapae Jan Naanak Kae Prabh Ghatt Ghattae Ghatt Ghattae Ghatt Har Ghaatt ||2||4||10||	You alone know all Your ways and means. You alone understand Yourself. Servant Nanak's Lord God is in each heart, in every heart, in the home of each and every heart. ||2||4||10||	(ਇਸ ਸ੍ਰਿਸ਼ਟੀ ਬਾਰੇ) ਤੂੰ ਸਾਰੇ ਢੰਗ ਜਾਣਦਾ ਹੈਂ, ਤੂੰ ਆਪ ਹੀ ਸਮਝਦਾ ਹੈਂ। ਹੇ ਦਾਸ ਨਾਨਕ ਦੇ ਪ੍ਰਭੂ! ਤੂੰ ਹਰੇਕ ਸਰੀਰ ਵਿਚ ਹਰੇਕ ਸਰੀਰ ਵਿਚ ਮੌਜੂਦ ਹੈਂ ॥੨॥੪॥੧੦॥
55660	1297	ਕਾਨੜਾ ਮਹਲਾ ੪॥		Kaanarraa Mehalaa 4 ||	Kaanraa, Fourth Mehl:	

55661	1297	ਜਪਿ ਮਨ ਗੋਬਿਦ ਮਾਧੋ॥		Jap Man Gobidh Maadhho ||	O mind, chant and meditate on the Lord, the Lord of the Universe.	ਹੇ ਮਨ! ਮਾਇਆ ਦੇ ਪਤੀ ਗੋਬਿੰਦ ਦਾ ਨਾਮ ਜਪਿਆ ਕਰੋ,
55662	1297	ਹਰਿ ਹਰਿ ਅਗਮ ਅਗਾਧੋ॥		Har Har Agam Agaadhho ||	The Lord, Har, Har, is inaccessible and unfathomable.	ਜੋ ਅਪਹੁੰਚ ਹੈ ਤੇ ਅਥਾਹ ਹੈ।
55663	1297	ਮਤਿ ਗੁਰਮਤਿ ਹਰਿ ਪ੍ਰਭੁ ਲਾਧੋ॥		Math Guramath Har Prabh Laadhho ||	Through the Guru's Teachings, my intellect attains the Lord God.	ਉਸ ਮਨੁੱਖ ਨੂੰ ਗੁਰੂ ਦੀ ਮੱਤ ਦੀ ਰਾਹੀਂ ਪਰਮਾਤਮਾ ਲੱਭ ਪੈਂਦਾ ਹੈ,
55664	1297	ਧੁਰਿ ਹੋ ਹੋ ਲਿਖੇ ਲਿਲਾਧੋ॥੧॥ਰਹਾਉ ॥		Dhhur Ho Ho Likhae Lilaadhho ||1|| Rehaao ||	This is the pre-ordained destiny written on my forehead. ||1||Pause||	ਜਿਸ ਦੇ ਮੱਥੇ ਤੇ ਧੁਰ ਦਰਗਾਹ ਤੋਂ (ਪ੍ਰਭੂ-ਮਿਲਾਪ ਦਾ ਲੇਖ) ਲਿਖਿਆ ਹੁੰਦਾ ਹੈ ॥੧॥ ਰਹਾਉ ॥
55665	1297	ਬਿਖੁ ਮਾਇਆ ਸੰਚਿ ਬਹੁ ਚਿਤੈ ਬਿਕਾਰ ਸੁਖੁ ਪਾਈਐ ਹਰਿ ਭਜੁ ਸੰਤ ਸੰਤਸੰਗਤੀ ਮਿਲਿ ਸਤਿਗੁਰੂ ਗੁਰੁ ਸਾਧੋ॥		Bikh Maaeiaa Sanch Bahu Chithai Bikaar Sukh Paaeeai Har Bhaj Santh Santh Sangathee Mil Sathiguroo Gur Saadhho ||	Collecting the poison of Maya, people think of all sorts of evil. But peace is found only by vibrating and meditating on the Lord; with the Saints, in the Sangat, the Society of the Saints, meet the True Guru, the Holy Guru.	ਆਤਮਕ ਮੌਤ ਲਿਆਉਣ ਵਾਲੀ ਮਾਇਆ ਨੂੰ ਇਕੱਠੀ ਕਰ ਕੇ ਮਨੁੱਖ ਅਨੇਕਾਂ ਵਿਕਾਰ ਚਿਤਵਨ ਲੱਗ ਪੈਂਦਾ ਹੈ। ਸਾਧ ਸੰਗਤ ਵਿਚ ਮਿਲ ਕੇ, ਗੁਰੂ ਸਤਿਗੁਰੂ ਨੂੰ ਮਿਲ ਕੇ ਹਰਿ-ਨਾਮ ਦਾ ਭਜਨ ਕਰਿਆ ਕਰ (ਇਸ ਤਰ੍ਹਾਂ ਹੀ) ਸੁਖ ਮਿਲ ਸਕਦਾ ਹੈ।

55666	1297	ਜਿਉ ਛੁਹਿ ਪਾਰਸ ਮਨੂਰ ਭਏ ਕੰਚਨ ਤਿਉ ਪਤਿਤ ਜਨ ਮਿਲਿ ਸੰਗਤੀ ਸੁਧ ਹੋਵਤ ਗੁਰਮਤੀ ਸੁਧ ਹਾਧੋ॥੧॥	(ਹਾਧੋ) ਹੁੰਦਾ ਹੈ। ਸੰਗਤੀਂ	Jio Shhuhi Paaras Manoor Bheae Kanchan Thio Pathith Jan Mil Sangathee Sudhh Hovath Guramathee Sudhh Haadhho ||1||	Just as when the iron slag is transmuted into gold by touching the Philosopher's Stone - when the sinner joins the Sangat, he becomes pure, through the Guru's Teachings. ||1||	ਜਿਵੇਂ ਪਾਰਸ ਨਾਲ ਛੁਹ ਕੇ ਸੜਿਆ ਹੋਇਆ ਲੋਹਾ ਸੋਨਾ ਬਣ ਜਾਂਦਾ ਹੈ; ਤਿਵੇਂ ਹੀ ਵਿਕਾਰੀ ਮਨੁੱਖ ਸਾਧ ਸੰਗਤ ਵਿਚ ਮਿਲ ਕੇ, ਗੁਰੂ ਦੀ ਮੱਤ ਲੈ ਕੇ, ਸੁੱਚੇ ਜੀਵਨ ਵਾਲੇ ਬਣ ਜਾਂਦੇ ਹਨ ॥੧॥
55667	1297	ਜਿਉ ਕਾਸਟ ਸੰਗਿ ਲੋਹਾ ਬਹੁ ਤਰਤਾ ਤਿਉ ਪਾਪੀ ਸੰਗਿ ਤਰੇ ਸਾਧ ਸਾਧਸੰਗਤੀ ਗੁਰ ਸਤਿਗੁਰੂ ਗੁਰ ਸਾਧੋ॥	ਸਾਧੋ: ਪੋਲਾ ਬੋਲੋ	Jio Kaasatt Sang Lohaa Bahu Tharathaa Thio Paapee Sang Tharae Saadhh Saadhh Sangathee Gur Sathiguroo Gur Saadhho ||	Just like the heavy iron which is carried across on the wooden raft, sinners are carried across in the Saadh Sangat, the Company of the Holy, and the Guru, the True Guru, the Holy Guru.	ਜਿਵੇਂ ਕਾਠ (ਬੇੜੀ) ਦੀ ਸੰਗਤ ਵਿਚ ਬਹੁਤ ਲੋਹਾ (ਨਦੀ ਤੋਂ) ਪਾਰ ਲੰਘ ਜਾਂਦਾ ਹੈ, ਤਿਵੇਂ ਵਿਕਾਰੀ ਮਨੁੱਖ ਭੀ ਸਾਧ ਸੰਗਤ ਵਿਚ ਗੁਰੂ ਦੀ ਸੰਗਤ ਵਿਚ ਰਹਿ ਕੇ (ਸੰਸਾਰ-ਸਮੁੰਦਰ ਤੋਂ) ਤਰ ਜਾਂਦੇ ਹਨ।

55668	1297	ਚਾਰਿ ਬਰਨ ਚਾਰਿ ਆਸ੍ਰਮ ਹੈ ਕੋਈ ਮਿਲੈ ਗੁਰੂ ਗੁਰ ਨਾਨਕ ਸੋ ਆਪਿ ਤਰੈ ਕੁਲ ਸਗਲ ਤਰਾਧੋ॥੨॥੫॥੧੧॥	ਆਸ੍ਰਮ	Chaar Baran Chaar Aasram Hai Koee Milai Guroo Gur Naanak So Aap Tharai Kul Sagal Tharaadhho ||2||5||11||	There are four castes, four social classes, and four stages of life. Whoever meets the Guru, Guru Nanak, is himself carried across, and he carries all his ancestors and generations across as well. ||2||5||11||	ਹੇ ਨਾਨਕ! (ਬ੍ਰਾਹਮਣ ਖੱਤ੍ਰੀ ਆਦਿਕ) ਚਾਰ ਵਰਨ (ਪ੍ਰਸਿੱਧ) ਹਨ, (ਬ੍ਰਹਮ ਚਰਜ ਆਦਿਕ) ਚਾਰ ਆਸ੍ਰਮ (ਪ੍ਰਸਿੱਧ) ਹਨ, (ਇਹਨਾਂ ਵਿਚੋਂ) ਜਿਹੜਾ ਭੀ ਕੋਈ ਗੁਰੂ ਨੂੰ ਮਿਲਦਾ ਹੈ, ਉਹ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ, ਅਤੇ ਆਪਣੀਆਂ ਸਾਰੀਆਂ ਕੁਲਾਂ ਨੂੰ ਭੀ ਪਾਰ ਲੰਘਾ ਲੈਂਦਾ ਹੈ ॥੨॥੫॥੧੧॥
55669	1297	ਕਾਨੜਾ ਮਹਲਾ ੪॥		Kaanarraa Mehalaa 4 ||	Kaanraa, Fourth Mehl:	
55670	1297	ਹਰਿ ਜਸੁ ਗਾਵਹੁ ਭਗਵਾਨ॥		Har Jas Gaavahu Bhagavaan ||	Sing the Praises of the Lord God.	ਹੇ ਭਾਈ! ਹਰੀ ਦੇ ਭਗਵਾਨ ਦੇ ਗੁਣ ਗਾਇਆ ਕਰੋ।
55671	1297	ਜਸੁ ਗਾਵਤ ਪਾਪ ਲਹਾਨ॥		Jas Gaavath Paap Lehaan ||	Singing His Praises, sins are washed away.	(ਹਰੀ ਦੇ) ਗੁਣ ਗਾਂਦਿਆਂ ਪਾਪ ਦੂਰ ਹੋ ਜਾਂਦੇ ਹਨ।
55672	1297	ਮਤਿ ਗੁਰਮਤਿ ਸੁਨਿ ਜਸੁ ਕਾਨ॥		Math Guramath Sun Jas Kaan ||	Through the Word of the Guru's Teachings, listen to His Praises with your ears.	ਹੇ ਭਾਈ! ਗੁਰੂ ਦੀ ਮੱਤ ਲੈ ਕੇ (ਆਪਣੇ) ਕੰਨਾਂ ਨਾਲ ਹਰੀ ਦੀ ਸਿਫ਼ਤ-ਸਾਲਾਹ ਸੁਣਿਆ ਕਰ,
55673	1297	ਹਰਿ ਹੋ ਹੋ ਕਿਰਪਾਨ॥੧॥ਰਹਾਉ ॥	(ਕਿਰਪਾਨ) ਕ੍ਰਿਪਾ ਕਰੋ	Har Ho Ho Kirapaan ||1|| Rehaao ||	The Lord shall be Merciful to you. ||1||Pause||	ਹਰਿ ਦਇਆਵਾਨ ਹੋ ਜਾਂਦਾ ਹੈ ॥੧॥ ਰਹਾਉ ॥

55674	1298	ਤੇਰੇ ਜਨ ਧਿਆਵਹਿ ਇਕ ਮਨਿ ਇਕ ਚਿਤਿ ਤੇ ਸਾਧੂ ਸੁਖ ਪਾਵਹਿ ਜਪਿ ਹਰਿ ਹਰਿ ਨਾਮੁ ਨਿਧਾਨ॥		Thaerae Jan Dhhiaavehi Eik Man Eik Chith Thae Saadhhoo Sukh Paavehi Jap Har Har Naam Nidhhaan ||	Your humble servants focus their consciousness and meditate on You with one-pointed mind; those Holy beings find peace, chanting the Name of the Lord, Har, Har, the Treasure of Bliss.	ਹੇ ਪ੍ਰਭੂ! ਤੇਰੇ ਸੇਵਕ ਇਕ-ਮਨ ਇਕ-ਚਿੱਤ ਹੋ ਕੇ ਤੇਰਾ ਧਿਆਨ ਕਰਦੇ ਹਨ, ਸੁਖਾਂ ਦਾ ਖ਼ਜ਼ਾਨਾ ਤੇਰਾ ਨਾਮ ਜਪ ਜਪ ਕੇ ਉਹ ਗੁਰਮੁਖ ਮਨੁੱਖ ਆਤਮਕ ਆਨੰਦ ਮਾਣਦੇ ਹਨ।
55675	1298	ਉਸਤਤਿ ਕਰਹਿ ਪ੍ਰਭ ਤੇਰੀਆ ਮਿਲਿ ਸਾਧੂ ਸਾਧ ਜਨਾ ਗੁਰ ਸਤਿਗੁਰੂ ਭਗਵਾਨ॥੧॥		Ousathath Karehi Prabh Thaereeaa Mil Saadhhoo Saadhh Janaa Gur Sathiguroo Bhagavaan ||1||	They sing Your Praises, God, meeting with the Holy, the Holy people, and the Guru, the True Guru, O Lord God. ||1||	ਹੇ ਪ੍ਰਭੂ! ਹੇ ਭਗਵਾਨ! ਤੇਰੇ ਸੰਤ ਜਨ ਗੁਰੂ ਸਤਿਗੁਰੂ ਨੂੰ ਮਿਲ ਕੇ ਤੇਰੀ ਸਿਫ਼ਤ-ਸਾਲਾਹ ਕਰਦੇ ਰਹਿੰਦੇ ਹਨ ॥੧॥
55676	1298	ਜਿਨ ਕੈ ਹਿਰਦੈ ਤੂ ਸੁਆਮੀ ਤੇ ਸੁਖ ਫਲ ਪਾਵਹਿ ਤੇ ਤਰੇ ਭਵ ਸਿੰਧੁ ਤੇ ਭਗਤ ਹਰਿ ਜਾਨ॥		Jin Kai Hiradhai Thoo Suaamee Thae Sukh Fal Paavehi Thae Tharae Bhav Sindhh Thae Bhagath Har Jaan ||	They alone obtain the fruit of peace, within whose hearts You, O my Lord and Master, abide. They cross over the terrifying world-ocean - they are known as the Lord's devotees.	ਹੇ ਮਾਲਕ! ਜਿਨ੍ਹਾਂ ਦੇ ਹਿਰਦੇ ਵਿਚ ਤੂੰ ਵੱਸ ਪੈਂਦਾ ਹੈਂ, ਉਹ ਆਤਮਕ ਆਨੰਦ ਦਾ ਫਲ ਹਾਸਲ ਕਰਦੇ ਹਨ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ। ਉਹਨਾਂ ਨੂੰ ਭੀ ਹਰੀ ਦੇ ਭਗਤ ਜਾਣੋ।

55677	1298	ਤਿਨ ਸੇਵਾ ਹਮ ਲਾਇ ਹਰੇ ਹਮ ਲਾਇ ਹਰੇ ਜਨ ਨਾਨਕ ਕੇ ਹਰਿ ਤੂ ਤੂ ਤੂ ਤੂ ਤੂ ਭਗਵਾਨ॥੨॥੬॥੧੨॥		Thin Saevaa Ham Laae Harae Ham Laae Harae Jan Naanak Kae Har Thoo Thoo Thoo Thoo Thoo Bhagavaan ||2||6||12||	Please enjoin me to their service, Lord, please enjoin me to their service. O Lord God, You, You, You, You, You are the Lord of servant Nanak. ||2||6||12||	ਹੇ ਹਰੀ! ਹੇ ਦਾਸ ਨਾਨਕ ਦੇ ਭਗਵਾਨ! ਮੈਨੂੰ (ਆਪਣੇ) ਉਹਨਾਂ ਸੰਤ ਜਨਾਂ ਦੀ ਸੇਵਾ ਵਿਚ ਲਾਈ ਰੱਖ, ਸੇਵਾ ਵਿਚ ਲਾਈ ਰੱਖ ॥੨॥੬॥੧੨॥
55678	1298	ਕਾਨੜਾ ਮਹਲਾ ੫ ਘਰੁ ੨		Kaanarraa Mehalaa 5 Ghar 2	Kaanraa, Fifth Mehl, Second House:	ਰਾਗ ਕਾਨੜਾ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
55679	1298	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
55680	1298	ਗਾਈਐ ਗੁਣ ਗੋਪਾਲ ਕ੍ਰਿਪਾਨਿਧਿ॥		Gaaeeai Gun Gopaal Kirapaa Nidhh ||	Sing the Glorious Praises of the Lord of the World, the Treasure of Mercy.	ਆਓ, (ਗੁਰੂ ਨੂੰ ਮਿਲ ਕੇ) ਰਲ ਕੇ ਦਇਆ-ਦੇ-ਖ਼ਜ਼ਾਨੇ ਗੋਪਾਲ ਦੇ ਗੁਣ ਗਾਵਿਆ ਕਰੀਏ,

55681	1298	ਦੁਖ ਬਿਦਾਰਨ ਸੁਖਦਾਤੇ ਸਤਿਗੁਰ ਜਾ ਕਉ ਭੇਟਤ ਹੋਇ ਸਗਲ ਸਿਧਿ॥੧॥ਰਹਾਉ॥		Dhukh Bidhaaran Sukhadhaathae Sathigur Jaa Ko Bhaettath Hoe Sagal Sidhh ||1|| Rehaao ||	The True Guru is the Destroyer of pain, the Giver of peace; meeting Him, one is totally fulfilled. ||1||Pause||	ਜਿਸ ਗੁਰੂ ਨੂੰ ਮਿਲਿਆਂ (ਜ਼ਿੰਦਗੀ ਵਿਚ) ਸਾਰੀ ਸਫਲਤਾ ਹੋ ਜਾਂਦੀ ਹੈ, ਉਸ ਦੁਖਾਂ ਦੇ ਨਾਸ ਕਰਨ ਵਾਲੇ ਅਤੇ ਸੁਖਾਂ ਦੇ ਦੇਣ ਵਾਲੇ ਗੁਰੂ ਨੂੰ ਮਿਲ ਕੇ (ਗੋਪਾਲ ਦੇ ਗੁਣ ਗਾਵੀਏ) ॥੧॥ ਰਹਾਉ ॥
55682	1298	ਸਿਮਰਤ ਨਾਮੁ ਮਨਹਿ ਸਾਧਾਰੈ॥		Simarath Naam Manehi Saadhhaarai ||	Meditate in remembrance on the Naam, the Support of the mind.	ਨਾਮ ਸਿਮਰਿਆਂ ਨਾਮ (ਮਨੁੱਖ ਦੇ) ਮਨ ਨੂੰ (ਵਿਕਾਰਾਂ ਦੇ ਟਾਕਰੇ ਤੇ) ਸਹਾਰਾ ਦੇਂਦਾ ਹੈ।
55683	1298	ਕੋਟਿ ਪਰਾਧੀ ਖਿਨ ਮਹਿ ਤਾਰੈ॥੧॥		Kott Paraadhhee Khin Mehi Thaarai ||1||	Millions of sinners are carried across in an instant. ||1||	ਹਰਿ-ਨਾਮ ਕ੍ਰੋੜਾਂ ਪਾਪੀਆਂ ਨੂੰ ਇਕ ਖਿਨ ਵਿਚ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੧॥
55684	1298	ਜਾ ਕਉ ਚੀਤਿ ਆਵੈ ਗੁਰੁ ਅਪਨਾ॥		Jaa Ko Cheeth Aavai Gur Apanaa ||	Whoever remembers his Guru,	ਜਿਸ ਮਨੁੱਖ ਨੂੰ ਆਪਣਾ ਸਤਿਗੁਰੂ ਚੇਤੇ ਰਹਿੰਦਾ ਹੈ (ਉਹ ਮਨੁੱਖ ਸਦਾ ਹਰਿ-ਨਾਮ ਜਪਦਾ ਹੈ, ਜਿਸ ਦੀ ਬਰਕਤਿ ਨਾਲ)
55685	1298	ਤਾ ਕਉ ਦੂਖੁ ਨਹੀ ਤਿਲੁ ਸੁਪਨਾ॥੨॥		Thaa Ko Dhookh Nehee Thil Supanaa ||2||	Shall not suffer sorrow, even in dreams. ||2||	ਉਸ ਨੂੰ ਸੁਪਨੇ ਵਿਚ ਭੀ ਰਤਾ ਭਰ ਭੀ ਕੋਈ ਦੁੱਖ ਪੋਹ ਨਹੀਂ ਸਕਦਾ ॥੨॥

55686	1298	ਜਾ ਕਉ ਸਤਿਗੁਰੁ ਅਪਨਾ ਰਾਖੈ॥		Jaa Ko Sathigur Apanaa Raakhai ||	Whoever keeps his Guru enshrined within	ਪਿਆਰਾ ਗੁਰੂ ਜਿਸ ਮਨੁੱਖ ਦੀ ਰੱਖਿਆ ਕਰਦਾ ਹੈ,
55687	1298	ਸੋ ਜਨੁ ਹਰਿ ਰਸੁ ਰਸਨਾ ਚਾਖੈ॥੩॥		So Jan Har Ras Rasanaa Chaakhai ||3||	- that humble being tastes the sublime essence of the Lord with his tongue. ||3||	ਉਹ ਮਨੁੱਖ (ਆਪਣੀ) ਜੀਭ ਨਾਲ ਪਰਮਾਤਮਾ ਦਾ ਨਾਮ-ਰਸ ਚੱਖਦਾ ਰਹਿੰਦਾ ਹੈ ॥੩॥
55688	1298	ਕਹੁ ਨਾਨਕ ਗੁਰਿ ਕੀਨੀ ਮਇਆ॥		Kahu Naanak Gur Keenee Maeiaa ||	Says Nanak, the Guru has been Kind to me;	ਨਾਨਕ ਆਖਦਾ ਹੈ- (ਜਿਨ੍ਹਾਂ ਮਨੁੱਖਾਂ ਉਤੇ) ਗੁਰੂ ਨੇ ਮਿਹਰ ਕੀਤੀ,
55689	1298	ਹਲਤਿ ਪਲਤਿ ਮੁਖ ਊਜਲ ਭਇਆ॥੪॥੧॥		Halath Palath Mukh Oojal Bhaeiaa ||4||1||	Here and herafter, my face is radiant. ||4||1||	ਉਹਨਾਂ ਦੇ ਮੂੰਹ ਇਸ ਲੋਕ ਵਿਚ ਅਤੇ ਪਰਲੋਕ ਵਿਚ ਉਜਲੇ ਹੋ ਗਏ ॥੪॥੧॥
55690	1298	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55691	1298	ਆਰਾਧਉ ਤੁਝਹਿ ਸੁਆਮੀ ਅਪਨੇ॥		Aaraadhho Thujhehi Suaamee Apanae ||	I worship and adore You, my Lord and Master.	ਹੇ (ਮੇਰੇ) ਆਪਣੇ ਮਾਲਕ! ਮੈਂ (ਸਦਾ) ਤੈਨੂੰ ਹੀ ਯਾਦ ਕਰਦਾ ਰਹਿੰਦਾ ਹਾਂ।
55692	1298	ਊਠਤ ਬੈਠਤ ਸੋਵਤ ਜਾਗਤ ਸਾਸਿ ਸਾਸਿ ਸਾਸਿ ਹਰਿ ਜਪਨੇ॥੧॥ਰਹਾਉ॥		Oothath Baithath Sovath Jaagath Saas Saas Saas Har Japanae ||1|| Rehaao ||	Standing up and sitting down, while sleeping and awake, with each and every breath, I meditate on the Lord. ||1||Pause||	ਹੇ ਹਰੀ! ਉਠਦਿਆਂ, ਬੈਠਦਿਆਂ, ਸੁੱਤਿਆਂ, ਜਾਗਦਿਆਂ, ਹਰੇਕ ਸਾਹ ਦੇ ਨਾਲ ਮੈਂ ਤੇਰਾ ਹੀ ਨਾਮ ਜਪਦਾ ਹਾਂ ॥੧॥ ਰਹਾਉ ॥

55693	1298	ਤਾ ਕੈ ਹਿਰਦੈ ਬਸਿਓ ਨਾਮੁ॥		Thaa Kai Hiradhai Basiou Naam ||	The Naam, the Name of the Lord, abides within the hearts of those,	ਉਸ ਮਨੁੱਖ ਦੇ ਹਿਰਦੇ ਵਿਚ (ਉਸ ਮਾਲਕ ਦਾ) ਨਾਮ ਟਿਕ ਜਾਂਦਾ ਹੈ,
55694	1298	ਜਾ ਕਉ ਸੁਆਮੀ ਕੀਨੋ ਦਾਨੁ॥੧॥		Jaa Ko Suaamee Keeno Dhaan ||1||	Whose Lord and Master blesses them with this gift. ||1||	ਮਾਲਕ-ਪ੍ਰਭੂ ਜਿਸ ਮਨੁੱਖ ਨੂੰ (ਨਾਮ ਦੀ) ਦਾਤ ਬਖ਼ਸ਼ਦਾ ਹੈ ॥੧॥
55695	1298	ਤਾ ਕੈ ਹਿਰਦੈ ਆਈ ਸਾਂਤਿ॥		Thaa Kai Hiradhai Aaee Saanth ||	Peace and tranquility come into the hearts of those	ਉਸ ਮਨੁੱਖ ਦੇ ਹਿਰਦੇ ਵਿਚ (ਵਿਕਾਰਾਂ ਦੀ ਅੱਗ ਵਲੋਂ) ਠੰਢ ਪੈ ਜਾਂਦੀ ਹੈ,
55696	1298	ਠਾਕੁਰ ਭੇਟੇ ਗੁਰ ਬਚਨਾਂਤਿ॥੨॥		Thaakur Bhaettae Gur Bachanaanth ||2||	Who meet their Lord and Master, through the Word of the Guru. ||2||	ਜਿਹੜਾ ਮਨੁੱਖ ਗੁਰੂ ਦੇ ਉਪਦੇਸ਼ ਉੱਤੇ ਤੁਰ ਕੇ ਮਾਲਕ-ਪ੍ਰਭੂ ਨੂੰ ਮਿਲ ਪੈਂਦਾ ਹੈ ॥੨॥
55697	1298	ਸਰਬ ਕਲਾ ਸੋਈ ਪਰਬੀਨ॥		Sarab Kalaa Soee Parabeen ||	Those whom the Guru blesses with the Mantra of the Naam	ਉਹੀ ਮਨੁੱਖ ਸਾਰੀਆਂ ਆਤਮਕ ਤਾਕਤਾਂ ਵਿਚ ਸਿਆਣਾ ਹੈ,
55698	1298	ਨਾਮ ਮੰਤ੍ਰੁ ਜਾ ਕਉ ਗੁਰਿ ਦੀਨ॥੩॥		Naam Manthra Jaa Ko Gur Dheen ||3||	Are wise, and blessed with all powers,. ||3||	ਜਿਸ ਨੂੰ ਗੁਰੂ ਨੇ ਪਰਮਾਤਮਾ ਦਾ ਨਾਮ-ਮੰਤ੍ਰ ਦੇ ਦਿੱਤਾ ॥੩॥
55699	1298	ਕਹੁ ਨਾਨਕ ਤਾ ਕੈ ਬਲਿ ਜਾਉ॥		Kahu Naanak Thaa Kai Bal Jaao ||	Says Nanak, I am a sacrifice to those	ਨਾਨਕ ਆਖਦਾ ਹੈ- ਮੈਂ ਉਸ (ਮਨੁੱਖ) ਤੋਂ ਸਦਕੇ ਜਾਂਦਾ ਹਾਂ,
55700	1298	ਕਲਿਜੁਗ ਮਹਿ ਪਾਇਆ ਜਿਨਿ ਨਾਉ॥੪॥੨॥		Kalijug Mehi Paaeiaa Jin Naao ||4||2||	Who are blessed with the Name in this Dark Age of Kali Yuga. ||4||2||	ਜਿਸ ਮਨੁੱਖ ਨੇ ਇਸ ਬਖੇੜਿਆਂ-ਭਰੇ ਜਗਤ ਵਿਚ ਪਰਮਾਤਮਾ ਦਾ ਨਾਮ-ਖ਼ਜ਼ਾਨਾ ਲੱਭ ਲਿਆ ॥੪॥੨॥

55701	1298	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55702	1298	ਕੀਰਤਿ ਪ੍ਰਭ ਕੀ ਗਾਉ ਮੇਰੀ ਰਸਨਾਂ॥		Keerath Prabh Kee Gaao Maeree Rasanaan ||	Sing the Praises of God, O my tongue.	ਹੇ ਮੇਰੀ ਜੀਭ! ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਇਆ ਕਰ।
55703	1298	ਅਨਿਕ ਬਾਰ ਕਰਿ ਬੰਦਨ ਸੰਤਨ ਊਹਾਂ ਚਰਨ ਗੋਬਿੰਦ ਜੀ ਕੇ ਬਸਨਾ॥੧॥ਰਹਾਉ॥		Anik Baar Kar Bandhan Santhan Oohaan Charan Gobindh Jee Kae Basanaa ||1|| Rehaao ||	Humbly bow to the Saints, over and over again; through them, the Feet of the Lord of the Universe shall come to abide within you. ||1||Pause||	ਸੰਤ-ਜਨਾਂ ਦੇ ਚਰਨਾਂ ਉਤੇ ਅਨੇਕਾਂ ਵਾਰੀ ਨਮਸਕਾਰ ਕਰਿਆ ਕਰ, ਸੰਤ ਜਨਾਂ ਦੇ ਹਿਰਦੇ ਵਿਚ ਸਦਾ ਪਰਮਾਤਮਾ ਦੇ ਚਰਨ ਵੱਸਦੇ ਹਨ ॥੧॥ ਰਹਾਉ ॥
55704	1298	ਅਨਿਕ ਭਾਂਤਿ ਕਰਿ ਦੁਆਰੁ ਨ ਪਾਵਉ॥		Anik Bhaanth Kar Dhuaar N Paavo ||	The Door to the Lord cannot be found by any other means.	ਅਨੇਕਾਂ ਢੰਗ ਵਰਤ ਕੇ ਭੀ ਮੈਂ ਪਰਮਾਤਮਾ ਦਾ ਦਰ ਨਹੀਂ ਲੱਭ ਸਕਦਾ।
55705	1298	ਹੋਇ ਕ੍ਰਿਪਾਲੁ ਤ ਹਰਿ ਹਰਿ ਧਿਆਵਉ॥੧॥		Hoe Kirapaal Th Har Har Dhhiaavo ||1||	When He becomes Merciful, we come to meditate on the Lord, Har, Har. ||1||	ਜੇ ਪਰਮਾਤਮਾ ਆਪ ਹੀ ਦਇਵਾਨ ਹੋਵੇ ਤਾਂ ਮੈਂ ਉਸ ਦਾ ਧਿਆਨ ਧਰ ਸਕਦਾ ਹਾਂ ॥੧॥

55706	1298	ਕੋਟਿ ਕਰਮ ਕਰਿ ਦੇਹ ਨ ਸੋਧਾ॥	ਸੋੱਧਾ	Kott Karam Kar Dhaeh N Sodhhaa ||	The body is not purified by millions of rituals.	(ਤੀਰਥ-ਯਾਤ੍ਰਾ ਆਦਿਕ) ਕ੍ਰੋੜਾਂ ਹੀ (ਮਿਥੇ ਹੋਏ ਧਾਰਮਿਕ) ਕਰਮ ਕਰ ਕੇ (ਮਨੁੱਖ ਦਾ) ਸਰੀਰ ਪਵਿੱਤਰ ਨਹੀਂ ਹੋ ਸਕਦਾ।
55707	1298	ਸਾਧਸੰਗਤਿ ਮਹਿ ਮਨੁ ਪਰਬੋਧਾ॥੨॥		Saadhhasangath Mehi Man Parabodhhaa ||2||	The mind is awakened and enlightened only in the Saadh Sangat, the Company of the Holy. ||2||	ਮਨੁੱਖ ਦਾ ਮਨ ਸਾਧ ਸੰਗਤ ਵਿਚ ਹੀ (ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਜਾਗਦਾ ਹੈ ॥੨॥
55708	1298	ਤ੍ਰਿਸਨ ਨ ਬੂਝੀ ਬਹੁ ਰੰਗ ਮਾਇਆ॥		Thrisan N Boojhee Bahu Rang Maaeiaa ||	Thirst and desire are not quenched by enjoying the many pleasures of Maya.	(ਕ੍ਰੋੜਾਂ ਕਰਮ ਕਰ ਕੇ ਭੀ ਇਸ) ਬਹੁ-ਰੰਗੀ ਮਾਇਆ ਦੀ ਤ੍ਰਿਸ਼ਨਾ ਨਹੀਂ ਮਿਟਦੀ।
55709	1298	ਨਾਮੁ ਲੈਤ ਸਰਬ ਸੁਖ ਪਾਇਆ॥੩॥		Naam Laith Sarab Sukh Paaeiaa ||3||	Chanting the Naam, the Name of the Lord, total peace is found. ||3||	ਪਰ ਪਰਮਾਤਮਾ ਦਾ ਨਾਮ ਸਿਮਰਦਿਆਂ ਸਾਰੇ ਸੁਖ ਮਿਲ ਜਾਂਦੇ ਹਨ ॥੩॥
55710	1298	ਪਾਰਬ੍ਰਹਮ ਜਬ ਭਏ ਦਇਆਲ॥		Paarabreham Jab Bheae Dhaeiaal ||	When the Supreme Lord God becomes Merciful,	ਜਦੋਂ (ਕਿਸੇ ਪ੍ਰਾਣੀ ਉੱਤੇ) ਪ੍ਰਭੂ ਜੀ ਦਇਆਵਾਨ ਹੁੰਦੇ ਹਨ,
55711	1298	ਕਹੁ ਨਾਨਕ ਤਉ ਛੂਟੇ ਜੰਜਾਲ॥੪॥੩॥		Kahu Naanak Tho Shhoottae Janjaal ||4||3||	Says Nanak, then one is rid of worldly entanglements. ||4||3||	ਨਾਨਕ ਆਖਦਾ ਹੈ- ਤਦੋਂ (ਪਰਮਾਤਮਾ ਦਾ ਨਾਮ ਸਿਮਰ ਕੇ ਉਸ ਮਨੁੱਖ ਦੀਆਂ) ਮਾਇਆ ਦੇ ਮੋਹ ਦੀਆਂ (ਸਾਰੀਆਂ) ਫਾਹੀਆਂ ਟੁੱਟ ਜਾਂਦੀਆਂ ਹਨ ॥੪॥੩॥

55712	1298	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55713	1298	ਐਸੀ ਮਾਂਗੁ ਗੋਬਿਦ ਤੇ॥		Aisee Maang Gobidh Thae ||	Beg for such blessings from the Lord of the Universe:	ਪਰਮਾਤਮਾ ਪਾਸੋਂ ਇਹੋ ਜਿਹੀ (ਦਾਤਿ) ਮੰਗ,
55714	1298	ਟਹਲ ਸੰਤਨ ਕੀ ਸੰਗੁ ਸਾਧੂ ਕਾ ਹਰਿ ਨਾਮਾਂ ਜਪਿ ਪਰਮਗਤੇ॥੧॥ਰਹਾਉ ॥		Ttehal Santhan Kee Sang Saadhhoo Kaa Har Naamaan Jap Param Gathae ||1|| Rehaao ||	To work for the Saints, and the Saadh Sangat, the Company of the Holy. Chanting the Name of the Lord, the supreme status is obtained. ||1||Pause||	(ਕਿ ਮੈਨੂੰ) ਸੰਤ ਜਨਾਂ ਦੀ ਟਹਲ (ਕਰਨ ਦਾ ਮੌਕਾ ਮਿਲਿਆ ਰਹੇ, ਮੈਨੂੰ) ਗੁਰੂ ਦਾ ਸਾਥ (ਮਿਲਿਆ ਰਹੇ, ਅਤੇ) ਹਰਿ ਨਾਮ ਜਪ ਕੇ (ਮੈਂ) ਸਭ ਤੋਂ ਉੱਚੀ ਆਤਮਕ ਅਵਸਥਾ (ਪ੍ਰਾਪਤ ਕਰ ਸਕਾਂ) ॥੧॥ ਰਹਾਉ ॥
55715	1298	ਪੂਜਾ ਚਰਨਾ ਠਾਕੁਰ ਸਰਨਾ॥	ਪੂਜਾ: ਪੋਲਾ ਬੋਲੋ	Poojaa Charanaa Thaakur Saranaa ||	Worship the Feet of Your Lord and Master, and seek His Sanctuary.	(ਇਹ ਮੰਗ ਪ੍ਰਭੂ ਤੋਂ ਮੰਗ ਕਿ ਮੈਂ) ਪ੍ਰਭੂ-ਚਰਨਾਂ ਦੀ ਭਗਤੀ ਕਰਦਾ ਰਹਾਂ, ਪ੍ਰਭੂ ਦੀ ਸਰਨ ਪਿਆ ਰਹਾਂ।
55716	1298	ਸੋਈ ਕੁਸਲੁ ਜੁ ਪ੍ਰਭ ਜੀਉ ਕਰਨਾ॥੧॥		Soee Kusal J Prabh Jeeo Karanaa ||1||	Take joy in whatever God does. ||1||	(ਇਹ ਮੰਗ ਕਿ) ਜੋ ਕੁਝ ਪ੍ਰਭੂ ਜੀ ਕਰਦੇ ਹਨ, ਉਸੇ ਨੂੰ ਮੈਂ ਸੁਖ ਸਮਝਾਂ ॥੧॥
55717	1298	ਸਫਲ ਹੋਤ ਇਹ ਦੁਰਲਭ ਦੇਹੀ॥	ਦੁਰ-ਲਭ	Safal Hoth Eih Dhuralabh Dhaehee ||	This precious human body becomes fruitful,	ਉਸ ਮਨੁੱਖ ਦਾ ਇਹ ਦੁਰਲੱਭ ਮਨੁੱਖਾ ਜਨਮ ਸਫਲ ਹੋ ਜਾਂਦਾ ਹੈ,

55718	1299	ਜਾ ਕਉ ਸਤਿਗੁਰੁ ਮਇਆ ਕਰੇਹੀ॥੨॥		Jaa Ko Sathigur Maeiaa Karaehee ||2||	When the True Guru shows His Kindness. ||2||	ਜਿਸ ਉਤੇ ਗੁਰੂ ਜੀ ਕਿਰਪਾ ਕਰਦੇ ਹਨ (ਉਹ ਮਨੁੱਖ ਪਰਮਾਤਮਾ ਪਾਸੋਂ ਸਾਧ ਸੰਗਤ ਦਾ ਮਿਲਾਪ ਅਤੇ ਹਰਿ-ਨਾਮ ਦਾ ਸਿਮਰਨ ਮੰਗਦਾ ਹੈ) ॥੨॥
55719	1299	ਅਗਿਆਨ ਭਰਮੁ ਬਿਨਸੈ ਦੁਖ ਡੇਰਾ॥		Agiaan Bharam Binasai Dhukh Ddaeraa ||	The house of ignorance, doubt and pain is destroyed,	ਉਸ ਮਨੁੱਖ ਦੇ ਅੰਦਰ ਆਤਮਕ ਜੀਵਨ ਵਲੋਂ ਬੇ-ਸਮਝੀ ਦੂਰ ਹੋ ਜਾਂਦੀ ਹੈ, ਭਟਕਣਾ ਮੁੱਕ ਜਾਂਦੀ ਹੈ; ਸਾਰੇ ਦੁਖਾਂ ਦਾ ਡੇਰਾ ਹੀ ਉੱਠ ਜਾਂਦਾ ਹੈ,
55720	1299	ਜਾ ਕੈ ਹ੍ਰਿਦੈ ਬਸਹਿ ਗੁਰ ਪੈਰਾ॥੩॥		Jaa Kai Hridhai Basehi Gur Pairaa ||3||	For those within whose hearts the Guru's Feet abide. ||3||	ਜਿਸ ਦੇ ਹਿਰਦੇ ਵਿਚ ਗੁਰੂ ਦੇ ਚਰਨ ਵੱਸਦੇ ਹਨ ॥੩॥
55721	1299	ਸਾਧਸੰਗਿ ਰੰਗਿ ਪ੍ਰਭੁ ਧਿਆਇਆ॥		Saadhhasang Rang Prabh Dhhiaaeiaa ||	In the Saadh Sangat, lovingly meditate on God.	ਜਿਸ (ਮਨੁੱਖ) ਨੇ ਗੁਰੂ ਦੀ ਸੰਗਤ ਵਿਚ (ਟਿਕ ਕੇ) ਪਿਆਰ ਨਾਲ ਪਰਮਾਤਮਾ ਦਾ ਸਿਮਰਨ ਕੀਤਾ ਹੈ,
55722	1299	ਕਹੁ ਨਾਨਕ ਤਿਨਿ ਪੂਰਾ ਪਾਇਆ॥੪॥੪॥		Kahu Naanak Thin Pooraa Paaeiaa ||4||4||	Says Nanak, you shall obtain the Perfect Lord. ||4||4||	ਨਾਨਕ ਆਖਦਾ ਹੈ- ਉਸ ਨੇ ਉਸ ਪੂਰਨ ਪਰਮਾਤਮਾ ਦਾ ਮਿਲਾਪ ਹਾਸਲ ਕਰ ਲਿਆ ਹੈ ॥੪॥੪॥
55723	1299	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	

55724	1299	ਭਗਤਿ ਭਗਤਨ ਹੂੰ ਬਨਿ ਆਈ॥	(ਭਗਤਿ) ਪ੍ਰੇਮਾ-ਭਗਤੀ ਕਰਨੀ। (ਬਨਿ) ਆਈ ਸੋਭਦੀ ਹੈ	Bhagath Bhagathan Hoon Ban Aaee ||	Devotion is the natural quality of God's devotees.	(ਪਰਮਾਤਮਾ ਦੀ) ਭਗਤੀ ਭਗਤ-ਜਨਾਂ ਪਾਸੋਂ ਹੀ ਹੋ ਸਕਦੀ ਹੈ।
55725	1299	ਤਨ ਮਨ ਗਲਤ ਭਏ ਠਾਕੁਰ ਸਿਉ ਆਪਨ ਲੀਏ ਮਿਲਾਈ॥੧॥ਰਹਾਉ ॥		Than Man Galath Bheae Thaakur Sio Aapan Leeeae Milaaee ||1|| Rehaao ||	Their bodies and minds are blended with their Lord and Master; He unites them with Himself. ||1||Pause||	ਉਹਨਾਂ ਦੇ ਤਨ ਉਹਨਾਂ ਦੇ ਮਨ ਪਰਮਾਤਮਾ ਦੀ ਯਾਦ ਵਿਚ ਮਸਤ ਰਹਿੰਦੇ ਹਨ। ਉਹਨਾਂ ਨੂੰ ਪ੍ਰਭੂ ਆਪਣੇ ਨਾਲ ਮਿਲਾਈ ਰੱਖਦਾ ਹੈ ॥੧॥ ਰਹਾਉ ॥
55726	1299	ਗਾਵਨਹਾਰੀ ਗਾਵੈ ਗੀਤ॥		Gaavanehaaree Gaavai Geeth ||	The singer sings the songs,	ਲੋਕਾਈ ਰਿਵਾਜੀ ਤੌਰ ਤੇ ਹੀ (ਸਿਫ਼ਤ-ਸਾਲਾਹ ਦੇ) ਗੀਤ ਗਾਂਦੀ ਹੈ।
55727	1299	ਤੇ ਉਧਰੇ ਬਸੇ ਜਿਹ ਚੀਤ॥੧॥		Thae Oudhharae Basae Jih Cheeth ||1||	But she alone is saved, within whose consciousness the Lord abides. ||1||	ਪਰ ਸੰਸਾਰ-ਸਮੁੰਦਰ ਤੋਂ ਪਾਰ ਉਹੀ ਲੰਘਦੇ ਹਨ, ਜਿਨ੍ਹਾਂ ਦੇ ਹਿਰਦੇ ਵਿਚ ਵੱਸਦੇ ਹਨ ॥੧॥
55728	1299	ਪੇਖੇ ਬਿੰਜਨ ਪਰੋਸਨਹਾਰੈ॥		Paekhae Binjan Parosanehaarai ||	The one who sets the table sees the food,	ਹੋਰਨਾਂ ਅੱਗੇ (ਖਾਣੇ) ਧਰਨ ਵਾਲੇ ਨੇ (ਤਾਂ ਸਦਾ) ਸੁਆਦਲੇ ਖਾਣੇ ਵੇਖੇ ਹਨ,
55729	1299	ਜਿਹ ਭੋਜਨੁ ਕੀਨੋ ਤੇ ਤ੍ਰਿਪਤਾਰੈ॥੨॥		Jih Bhojan Keeno Thae Thripathaarai ||2||	But only one who eats the food is satisfied. ||2||	ਪਰ ਰੱਜਦੇ ਉਹੀ ਹਨ ਜਿਨ੍ਹਾਂ ਨੇ ਉਹ ਖਾਣੇ ਖਾਧੇ ॥੨॥
55730	1299	ਅਨਿਕ ਸ੍ਵਾਂਗ ਕਾਛੇ ਭੇਖਧਾਰੀ॥	ਲਿਬਾਸ (ਕਾਛੇ) ਪਹਿਨਣਾ ਕਰਦਾ ਹੈ।ਸ੍ਵਾਂਗ: ਬੋਲੋ ਸੁਆਂਗ	Anik Svaang Kaashhae Bhaekhadhhaaree ||	People disguise themselves with all sorts of costumes,	ਸ੍ਵਾਂਗੀ ਮਨੁੱਖ (ਮਾਇਆ ਦੀ ਖ਼ਾਤਰ) ਅਨੇਕਾਂ ਮਨ-ਬਾਂਛਤ ਸ੍ਵਾਂਗ ਬਣਾਂਦਾ ਹੈ,

55731	1299	ਜੈਸੋ ਸਾ ਤੈਸੋ ਦ੍ਰਿਸਟਾਰੀ॥੩॥		Jaiso Saa Thaiso Dhrisattaaree ||3||	But in the end, they are seen as they truly are. ||3||	ਪਰ ਜਿਹੋ ਜਿਹਾ ਉਹ (ਅਸਲ ਵਿਚ) ਹੈ, ਉਹੋ ਜਿਹਾ ਹੀ (ਉਹਨਾਂ ਨੂੰ) ਦਿੱਸਦਾ ਹੈ (ਜਿਹੜੇ ਉਸ ਨੂੰ ਜਾਣਦੇ ਹਨ) ॥੩॥
55732	1299	ਕਹਨ ਕਹਾਵਨ ਸਗਲ ਜੰਜਾਰ॥		Kehan Kehaavan Sagal Janjaar ||	Speaking and talking are all just entanglements.	(ਹਰਿ-ਨਾਮ ਸਿਮਰਨ ਤੋਂ ਬਿਨਾ) ਹੋਰ ਹੋਰ ਗੱਲਾਂ ਆਖਣੀਆਂ ਅਖਵਾਣੀਆਂ- ਇਹ ਸਾਰੇ ਉੱਦਮ ਮਾਇਆ ਦੇ ਮੋਹ ਦੀਆਂ ਫਾਹੀਆਂ ਦਾ ਮੂਲ ਹਨ।
55733	1299	ਨਾਨਕ ਦਾਸ ਸਚੁ ਕਰਣੀ ਸਾਰ॥੪॥੫॥		Naanak Dhaas Sach Karanee Saar ||4||5||	O slave Nanak, the true way of life is excellent. ||4||5||	ਹੇ ਦਾਸ ਨਾਨਕ! ਪਰਮਾਤਮਾ ਦਾ ਨਾਮ ਸਿਮਰਨਾ ਹੀ ਸਭ ਤੋਂ ਸ੍ਰੇਸ਼ਟ ਕਰਤੱਬ ਹੈ ॥੪॥੫॥
55734	1299	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55735	1299	ਤੇਰੋ ਜਨੁ ਹਰਿ ਜਸੁ ਸੁਨਤ ਉਮਾਹਿਓ॥੧॥ਰਹਾਉ॥		Thaero Jan Har Jas Sunath Oumaahiou ||1|| Rehaao ||	Your humble servant listens to Your Praises with delight. ||1||Pause||	ਹੇ ਪ੍ਰਭੂ! ਤੇਰਾ ਸੇਵਕ ਤੇਰੀ ਸਿਫ਼ਤ-ਸਾਲਾਹ ਸੁਣਦਿਆਂ ਉਮਾਹ ਵਿਚ ਆ ਜਾਂਦਾ ਹੈ ॥੧॥ ਰਹਾਉ ॥

55736	1299	ਮਨਹਿ ਪ੍ਰਗਾਸੁ ਪੇਖਿ ਪ੍ਰਭ ਕੀ ਸੋਭਾ ਜਤ ਕਤ ਪੇਖਉ ਆਹਿਓ॥੧॥	(ਜਤ) ਜਿੱਥੇ। (ਕਤ) ਕਿੱਥੇ। (ਆਹਿਓ) ਪਰਗਟ ਹਨ	Manehi Pragaas Paekh Prabh Kee Sobhaa Jath Kath Paekho Aahiou ||1||	My mind is enlightened, gazing upon the Glory of God. Wherever I look, there He is. ||1||	ਪ੍ਰਭੂ ਦੀ ਵਡਿਆਈ ਵੇਖ ਕੇ (ਮੇਰੇ) ਮਨ ਵਿਚ (ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ। ਮੈਂ ਜਿਧਰ ਕਿਧਰ ਵੇਖਦਾ ਹਾਂ, (ਮੈਨੂੰ ਉਹ ਹਰ ਪਾਸੇ) ਮੌਜੂਦ (ਦਿੱਸਦਾ) ਹੈ ॥੧॥
55737	1299	ਸਭ ਤੇ ਪਰੈ ਪਰੈ ਤੇ ਊਚਾ ਗਹਿਰ ਗੰਭੀਰ ਅਥਾਹਿਓ॥੨॥		Sabh Thae Parai Parai Thae Oochaa Gehir Ganbheer Athhaahiou ||2||	You are the farthest of all, the highest of the far, profound, unfathomable and unreachable. ||2||	ਪਰਮਾਤਮਾ ਸਭ ਜੀਵਾਂ ਤੋਂ ਵੱਡਾ ਹੈ ਸਭ ਜੀਵਾਂ ਤੋਂ ਉੱਚਾ ਹੈ; ਡੂੰਘਾ (ਸਮੁੰਦਰ) ਹੈ, ਵੱਡੇ ਜਿਗਰੇ ਵਾਲਾ ਹੈ, ਉਸ ਦੀ ਹਾਥ ਨਹੀਂ ਲੱਭ ਸਕਦੀ ॥੨॥
55738	1299	ਓਤਿ ਪੋਤਿ ਮਿਲਿਓ ਭਗਤਨ ਕਉ ਜਨ ਸਿਉ ਪਰਦਾ ਲਾਹਿਓ॥੩॥		Outh Poth Miliou Bhagathan Ko Jan Sio Paradhaa Laahiou ||3||	You are united with Your devotees, through and through; You have removed Your veil for Your humble servants. ||3||	(ਜਿਵੇਂ) ਤਾਣੇ ਵਿਚ ਪੇਟੇ ਵਿਚ (ਧਾਗਾ ਮਿਲਿਆ ਹੋਇਆ ਹੁੰਦਾ ਹੈ, ਤਿਵੇਂ) ਪਰਮਾਤਮਾ ਆਪਣੇ ਭਗਤਾਂ ਨੂੰ ਮਿਲਿਆ ਹੁੰਦਾ ਹੈ, ਆਪਣੇ ਸੇਵਕਾਂ ਤੋਂ ਉਸ ਨੇ ਉਹਲਾ ਦੂਰ ਕੀਤਾ ਹੁੰਦਾ ਹੈ ॥੩॥
55739	1299	ਗੁਰ ਪ੍ਰਸਾਦਿ ਗਾਵੈ ਗੁਣ ਨਾਨਕ ਸਹਜ ਸਮਾਧਿ ਸਮਾਹਿਓ॥੪॥੬॥		Gur Prasaadh Gaavai Gun Naanak Sehaj Samaadhh Samaahiou ||4||6||	By Guru's Grace, Nanak sings Your Glorious Praises; he is intuitively absorbed in Samaadhi. ||4||6||	ਹੇ ਨਾਨਕ! ਗੁਰੂ ਦੀ ਕਿਰਪਾ ਨਾਲ (ਜਿਹੜਾ ਮਨੁੱਖ ਪਰਮਾਤਮਾ ਦੇ) ਗੁਣ ਗਾਂਦਾ ਰਹਿੰਦਾ ਹੈ ਉਹ ਆਤਮਕ ਅਡੋਲਤਾ ਦੀ ਸਮਾਧੀ ਵਿਚ ਲੀਨ ਰਹਿੰਦਾ ਹੈ ॥੪॥੬॥

55740	1299	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55741	1299	ਸੰਤਨ ਪਹਿ ਆਪਿ ਉਧਾਰਨ ਆਇਓ॥੧॥ਰਹਾਉ ॥		Santhan Pehi Aap Oudhhaaran Aaeiou ||1|| Rehaao ||	I have come to the Saints to save myself. ||1||Pause||	(ਜਗਤ ਦੇ ਜੀਵਾਂ ਨੂੰ) ਵਿਕਾਰਾਂ ਤੋਂ ਬਚਾਣ ਲਈ (ਪਰਮਾਤਮਾ) ਆਪ ਸੰਤ ਜਨਾਂ ਦੇ ਹਿਰਦੇ ਵਿਚ ਆ ਵੱਸਦਾ ਹੈ ॥੧॥ ਰਹਾਉ ॥
55742	1299	ਦਰਸਨ ਭੇਟਤ ਹੋਤ ਪੁਨੀਤਾ ਹਰਿ ਹਰਿ ਮੰਤ੍ਰੁ ਦ੍ਰਿੜਾਇਓ॥੧॥		Dharasan Bhaettath Hoth Puneethaa Har Har Manthra Dhrirraaeiou ||1||	Gazing upon the Blessed Vision of their Darshan, I am sanctified; they have implanted the Mantra of the Lord, Har, Har, within me. ||1||	(ਜੀਵ ਗੁਰੂ ਦਾ) ਦਰਸਨ ਕਰਦਿਆਂ ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ, (ਗੁਰੂ ਉਹਨਾਂ ਦੇ ਹਿਰਦੇ ਵਿਚ) ਪਰਮਾਤਮਾ ਦਾ ਨਾਮ ਪੱਕਾ ਕਰ ਦੇਂਦਾ ਹੈ ॥੧॥
55743	1299	ਕਾਟੇ ਰੋਗ ਭਏ ਮਨ ਨਿਰਮਲ ਹਰਿ ਹਰਿ ਅਉਖਧੁ ਖਾਇਓ॥੨॥		Kaattae Rog Bheae Man Niramal Har Har Aoukhadhh Khaaeiou ||2||	The disease has been eradicated, and my mind has become immaculate. I have taken the healing medicine of the Lord, Har, Har. ||2||	(ਜਿਹੜੇ ਮਨੁੱਖ ਗੁਰੂ ਪਾਸੋਂ) ਹਰਿ-ਨਾਮ ਦੀ ਦਵਾਈ (ਲੈ ਕੇ) ਖਾਂਦੇ ਹਨ (ਉਹਨਾਂ ਦੇ) ਸਾਰੇ ਰੋਗ ਕੱਟੇ ਜਾਂਦੇ ਹਨ, (ਉਹਨਾਂ ਦੇ) ਮਨ ਪਵਿੱਤਰ ਹੋ ਜਾਂਦੇ ਹਨ ॥੨॥

55744	1299	ਅਸਥਿਤ ਭਏ ਬਸੇ ਸੁਖ ਥਾਨਾ ਬਹੁਰਿ ਨ ਕਤਹੂ ਧਾਇਓ॥੩॥	ਅਸ-ਥਿੱਤ। ਥਾਨਾ	Asathhith Bheae Basae Sukh Thhaanaa Bahur N Kathehoo Dhhaaeiou ||3||	I have become steady and stable, and I dwell in the home of peace. I shall never again wander anywhere. ||3||	(ਗੁਰੂ ਪਾਸੋਂ ਨਾਮ-ਦਵਾਈ ਲੈ ਕੇ ਖਾਣ ਵਾਲੇ ਮਨੁੱਖ) ਅਡੋਲ-ਚਿੱਤ ਹੋ ਜਾਂਦੇ ਹਨ; ਆਤਮਕ ਆਨੰਦ ਵਿਚ ਟਿਕੇ ਰਹਿੰਦੇ ਹਨ, (ਇਸ ਆਨੰਦ ਨੂੰ ਛੱਡ ਕੇ ਉਹ) ਮੁੜ ਹੋਰ ਕਿਸੇ ਭੀ ਪਾਸੇ ਨਹੀਂ ਭਟਕਦੇ ॥੩॥
55745	1299	ਸੰਤ ਪ੍ਰਸਾਦਿ ਤਰੇ ਕੁਲ ਲੋਗਾ ਨਾਨਕ ਲਿਪਤ ਨ ਮਾਇਓ॥੪॥੭॥		Santh Prasaadh Tharae Kul Logaa Naanak Lipath N Maaeiou ||4||7||	By the Grace of the Saints, the people and all their generations are saved; O Nanak, they are not engrossed in Maya. ||4||7||	ਹੇ ਨਾਨਕ! ਗੁਰੂ ਦੀ ਕਿਰਪਾ ਨਾਲ (ਨਾਮ-ਦਵਾਈ ਖਾ ਕੇ ਉਹ ਨਿਰੇ ਆਪ ਹੀ ਨਹੀਂ ਤਰਦੇ; ਉਹਨਾਂ ਦੀ) ਕੁਲ ਦੇ ਲੋਕ ਭੀ (ਸੰਸਾਰ-ਸਮੁੰਦਰ ਤੋਂ ਪਾਰ) ਲੰਘ ਜਾਂਦੇ ਹਨ; ਉਹਨਾਂ ਉਤੇ ਮਾਇਆ ਦਾ ਪ੍ਰਭਾਵ ਨਹੀਂ ਪੈਂਦਾ ॥੪॥੭॥
55746	1299	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55747	1299	ਬਿਸਰਿ ਗਈ ਸਭ ਤਾਤਿ ਪਰਾਈ॥	ਤਾਤਿ ਈਰਖਾ	Bisar Gee Sabh Thaath Paraaee ||	I have totally forgotten my jealousy of others,	(ਤਦੋਂ ਤੋਂ) ਦੂਜਿਆਂ ਦਾ ਸੁਖ ਵੇਖ ਕੇ ਅੰਦਰੇ ਅੰਦਰ ਸੜਨ ਦੀ ਸਾਰੀ ਆਦਤ ਭੁੱਲ ਗਈ ਹੈ,
55748	1299	ਜਬ ਤੇ ਸਾਧਸੰਗਤਿ ਮੋਹਿ ਪਾਈ॥੧॥ਰਹਾਉ॥		Jab Thae Saadhhasangath Mohi Paaee ||1|| Rehaao ||	Since I found the Saadh Sangat, the Company of the Holy. ||1||Pause||	ਜਦੋਂ ਤੋਂ ਮੈਂ ਗੁਰੂ ਦੀ ਸੰਗਤ ਪ੍ਰਾਪਤ ਕੀਤੀ ਹੈ ॥੧॥ ਰਹਾਉ ॥

55749	1299	ਨਾ ਕੋ ਬੈਰੀ ਨਹੀ ਬਿਗਾਨਾ ਸਗਲ ਸੰਗਿ ਹਮ ਕਉ ਬਨਿ ਆਈ॥੧॥		Naa Ko Bairee Nehee Bigaanaa Sagal Sang Ham Ko Ban Aaee ||1||	No one is my enemy, and no one is a stranger. I get along with everyone. ||1||	(ਹੁਣ) ਮੈਨੂੰ ਕੋਈ ਵੈਰੀ ਨਹੀਂ ਦਿੱਸਦਾ, ਕੋਈ ਓਪਰਾ ਨਹੀਂ ਦਿੱਸਦਾ; ਸਭਨਾਂ ਨਾਲ ਮੇਰਾ ਪਿਆਰ ਬਣਿਆ ਹੋਇਆ ਹੈ ॥੧॥
55750	1299	ਜੋ ਪ੍ਰਭ ਕੀਨੋ ਸੋ ਭਲ ਮਾਨਿਓ ਏਹ ਸੁਮਤਿ ਸਾਧੂ ਤੇ ਪਾਈ॥੨॥	ਸੁ-ਮੱਤਿ	Jo Prabh Keeno So Bhal Maaniou Eaeh Sumath Saadhhoo Thae Paaee ||2||	Whatever God does, I accept that as good. This is the sublime wisdom I have obtained from the Holy. ||2||	(ਹੁਣ) ਜੋ ਕੁਝ ਪਰਮਾਤਮਾ ਕਰਦਾ ਹੈ, ਮੈਂ ਉਸ ਨੂੰ (ਸਭ ਜੀਵਾਂ ਲਈ) ਭਲਾ ਹੀ ਮੰਨਦਾ ਹਾਂ। ਇਹ ਚੰਗੀ ਅਕਲ ਮੈਂ (ਆਪਣੇ) ਗੁਰੂ ਪਾਸੋਂ ਸਿੱਖੀ ਹੈ ॥੨॥
55751	1299	ਸਭ ਮਹਿ ਰਵਿ ਰਹਿਆ ਪ੍ਰਭੁ ਏਕੈ ਪੇਖਿ ਪੇਖਿ ਨਾਨਕ ਬਿਗਸਾਈ॥੩॥੮॥		Sabh Mehi Rav Rehiaa Prabh Eaekai Paekh Paekh Naanak Bigasaaee ||3||8||	The One God is pervading in all. Gazing upon Him, beholding Him, Nanak blossoms forth in happiness. ||3||8||	ਹੇ ਨਾਨਕ! (ਆਖ-ਜਦੋਂ ਤੋਂ ਸਾਧ ਸੰਗਤ ਮਿਲੀ ਹੈ, ਮੈਨੂੰ ਇਉਂ ਦਿੱਸਦਾ ਹੈ ਕਿ) ਇਕ ਪਰਮਾਤਮਾ ਹੀ ਸਭ ਜੀਵਾਂ ਵਿਚ ਮੌਜੂਦ ਹੈ (ਤਾਹੀਏਂ ਸਭ ਨੂੰ) ਵੇਖ ਵੇਖ ਕੇ ਮੈਂ ਖ਼ੁਸ਼ ਹੁੰਦਾ ਹਾਂ ॥੩॥੮॥
55752	1299	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55753	1299	ਠਾਕੁਰ ਜੀਉ ਤੁਹਾਰੋ ਪਰਨਾ॥		Thaakur Jeeo Thuhaaro Paranaa ||	O my Dear Lord and Master, You alone are my Support.	ਹੇ ਪ੍ਰਭੂ ਜੀ! (ਮੈਨੂੰ) ਤੇਰਾ ਹੀ ਆਸਰਾ ਹੈ।

55754	1299	ਮਾਨੁ ਮਹਤੁ ਤੁਮ੍ਹਾਰੈ ਊਪਰਿ ਤੁਮ੍ਰੀ ਓਟ ਤੁਮ੍ਹਾਰੀ ਸਰਨਾ॥੧॥ਰਹਾਉ॥	ਮ-ਹੱਤੁ	Maan Mehath Thumhaarai Oopar Thumharee Outt Thumhaaree Saranaa ||1|| Rehaao ||	You are my Honor and Glory; I seek Your Support, and Your Sanctuary. ||1||Pause||	ਮੈਨੂੰ ਤੇਰੇ ਉਤੇ ਹੀ ਮਾਣ ਹੈ; ਫ਼ਖ਼ਰ ਹੈ, ਮੈਨੂੰ ਤੇਰੀ ਹੀ ਓਟ ਹੈ, ਮੈਂ ਤੇਰੀ ਹੀ ਸਰਨ ਆ ਪਿਆ ਹਾਂ ॥੧॥ ਰਹਾਉ ॥
55755	1299	ਤੁਮ੍ਰੀ ਆਸ ਭਰੋਸਾ ਤੁਮ੍ਰਾ ਤੁਮਰਾ ਨਾਮੁ ਰਿਦੈ ਲੈ ਧਰਨਾ॥		Thumharee Aas Bharosaa Thumharaa Thumaraa Naam Ridhai Lai Dhharanaa ||	You are my Hope, and You are my Faith. I take Your Name and enshrine it within my heart.	ਹੇ ਪ੍ਰਭੂ ਜੀ! ਮੈਨੂੰ ਤੇਰੀ ਹੀ ਆਸ ਹੈ, ਤੇਰੇ ਉਤੇ ਹੀ ਭਰੋਸਾ ਹੈ, ਮੈਂ ਤੇਰਾ ਹੀ ਨਾਮ (ਆਪਣੇ) ਹਿਰਦੇ ਵਿਚ ਟਿਕਾਇਆ ਹੋਇਆ ਹੈ।
55756	1299	ਤੁਮਰੋ ਬਲੁ ਤੁਮ ਸੰਗਿ ਸੁਹੇਲੇ ਜੋ ਜੋ ਕਹਹੁ ਸੋਈ ਸੋਈ ਕਰਨਾ॥੧॥		Thumaro Bal Thum Sang Suhaelae Jo Jo Kehahu Soee Soee Karanaa ||1||	You are my Power; associating with You, I am embellished and exalted. I do whatever You say. ||1||	ਮੈਨੂੰ ਤੇਰਾ ਹੀ ਤਾਣ ਹੈ, ਤੇਰੇ ਚਰਨਾਂ ਵਿਚ ਮੈਂ ਸੁਖੀ ਰਹਿੰਦਾ ਹਾਂ। ਜੋ ਕੁਝ ਤੂੰ ਆਖਦਾ ਹੈਂ, ਮੈਂ ਉਹੀ ਕੁਝ ਕਰ ਸਕਦਾ ਹਾਂ ॥੧॥
55757	1299	ਤੁਮਰੀ ਦਇਆ ਮਇਆ ਸੁਖੁ ਪਾਵਉ ਹੋਹੁ ਕ੍ਰਿਪਾਲ ਤ ਭਉਜਲੁ ਤਰਨਾ॥		Thumaree Dhaeiaa Maeiaa Sukh Paavo Hohu Kirapaal Th Bhoujal Tharanaa ||	Through Your Kindness and Compassion, I find peace; when You are Merciful, I cross over the terrifying world-ocean.	ਹੇ ਪ੍ਰਭੂ! ਤੇਰੀ ਮਿਹਰ ਨਾਲ, ਤੇਰੀ ਕਿਰਪਾ ਨਾਲ ਹੀ ਮੈਂ ਸੁਖ ਮਾਣਦਾ ਹਾਂ। ਜੇ ਤੂੰ ਦਇਆਵਾਨ ਹੋਵੇਂ, ਤਾਂ ਮੈਂ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕਦਾ ਹਾਂ।

55758	1299	ਅਭੈ ਦਾਨੁ ਨਾਮੁ ਹਰਿ ਪਾਇਓ ਸਿਰੁ ਡਾਰਿਓ ਨਾਨਕ ਸੰਤ ਚਰਨਾ॥੨॥੯॥	ਅ-ਭੈ	Abhai Dhaan Naam Har Paaeiou Sir Ddaariou Naanak Santh Charanaa ||2||9||	Through the Name of the Lord, I obtain the gift of fearlessness; Nanak places his head on the feet of the Saints. ||2||9||	ਹੇ ਨਾਨਕ! (ਆਖ-ਹੇ ਭਾਈ!) ਨਿਰਭੈਤਾ ਦਾ ਦਾਨ ਦੇਣ ਵਾਲਾ, ਹਰਿ-ਨਾਮ ਮੈਂ (ਗੁਰੂ ਪਾਸੋਂ) ਹਾਸਲ ਕੀਤਾ ਹੈ (ਇਸ ਵਾਸਤੇ) ਮੈਂ ਆਪਣਾ ਸਿਰ ਗੁਰੂ ਦੇ ਚਰਨਾਂ ਉਤੇ ਰੱਖਿਆ ਹੋਇਆ ਹੈ ॥੨॥੯॥
55759	1300	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55760	1300	ਸਾਧ ਸਰਨਿ ਚਰਨ ਚਿਤੁ ਲਾਇਆ॥		Saadhh Saran Charan Chith Laaeiaa ||	In the Sanctuary of the Holy, I focus my consciousness on the Lord's Feet.	(ਜਦੋਂ ਤੋਂ) ਗੁਰੂ ਦੀ ਸਰਨ ਪੈ ਕੇ ਪ੍ਰਭੂ ਦੇ ਚਰਨਾਂ ਵਿਚ ਚਿੱਤ ਜੋੜਿਆ ਹੈ,
55761	1300	ਸੁਪਨ ਕੀ ਬਾਤ ਸੁਨੀ ਪੇਖੀ ਸੁਪਨਾ ਨਾਮ ਮੰਤ੍ਰੁ ਸਤਿਗੁਰੂ ਦ੍ਰਿੜਾਇਆ॥੧॥ਰਹਾਉ॥		Supan Kee Baath Sunee Paekhee Supanaa Naam Manthra Sathiguroo Dhrirraaeiaa ||1|| Rehaao ||	When I was dreaming, I heard and saw only dream-objects. The True Guru has implanted the Mantra of the Naam, the Name of the Lord, within me. ||1||Pause||	(ਜਦੋਂ ਤੋਂ) ਗੁਰੂ ਨੇ ਪਰਮਾਤਮਾ ਦਾ ਨਾਮ-ਮੰਤ੍ਰ (ਮੇਰੇ ਹਿਰਦੇ ਵਿਚ) ਪੱਕਾ ਕਰ ਕੇ ਟਿਕਾਇਆ ਹੈ (ਤਦੋਂ ਤੋਂ ਉਸ ਜਗਤ ਨੂੰ) ਸੁਪਨਾ ਹੀ (ਅਖੀਂ) ਵੇਖ ਲਿਆ ਹੈ ਜਿਸ ਨੂੰ ਸੁਪਨੇ ਦੀ ਗੱਲ ਸੁਣਿਆ ਹੋਇਆ ਸੀ ॥੧॥ ਰਹਾਉ ॥

55762	1300	ਨਹ ਤ੍ਰਿਪਤਾਨੋ ਰਾਜ ਜੋਬਨਿ ਧਨਿ ਬਹੁਰਿ ਬਹੁਰਿ ਫਿਰਿ ਧਾਇਆ॥		Neh Thripathaano Raaj Joban Dhhan Bahur Bahur Fir Dhhaaeiaa ||	Power, youth and wealth do not bring satisfaction; people chase after them again and again.	(ਇਹ ਮਨ) ਰਾਜ ਜੋਬਨ ਧਨ ਨਾਲ ਨਹੀਂ ਰੱਜਦਾ, ਮੁੜ ਮੁੜ (ਇਹਨਾਂ ਪਦਾਰਥਾਂ ਦੇ ਪਿੱਛੇ) ਭਟਕਦਾ ਫਿਰਦਾ ਹੈ।
55763	1300	ਸੁਖੁ ਪਾਇਆ ਤ੍ਰਿਸਨਾ ਸਭ ਬੁਝੀ ਹੈ ਸਾਂਤਿ ਪਾਈ ਗੁਨ ਗਾਇਆ॥੧॥	ਬੁਝੀ: ਪੋਲਾ ਬੋਲੋ	Sukh Paaeiaa Thrisanaa Sabh Bujhee Hai Saanth Paaee Gun Gaaeiaa ||1||	I have found peace and tranquility, and all my thirsty desires have been quenched, singing His Glorious Praises. ||1||	ਪਰ ਜਦੋਂ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ, ਤਾਂ ਮਾਇਆ ਦੀ ਸਾਰੀ ਤ੍ਰਿਸ਼ਨਾ ਬੁੱਝ ਜਾਂਦੀ ਹੈ, ਆਤਮਕ ਆਨੰਦ ਮਿਲ ਜਾਂਦਾ ਹੈ, ਸ਼ਾਂਤੀ ਪ੍ਰਾਪਤ ਹੋ ਜਾਂਦੀ ਹੈ ॥੧॥
55764	1300	ਬਿਨੁ ਬੂਝੇ ਪਸੂ ਕੀ ਨਿਆਈ ਭ੍ਰਮਿ ਮੋਹਿ ਬਿਆਪਿਓ ਮਾਇਆ॥	ਬੂੱਝੇ	Bin Boojhae Pasoo Kee Niaaee Bhram Mohi Biaapiou Maaeiaa ||	Without understanding, they are like beasts, engrossed in doubt, emotional attachment and Maya.	(ਆਤਮਕ ਜੀਵਨ ਦੀ) ਸੂਝ ਤੋਂ ਬਿਨਾ ਮਨੁੱਖ ਪਸ਼ੂ ਵਰਗਾ ਹੀ ਰਹਿੰਦਾ ਹੈ, ਮਾਇਆ ਦੀ ਭਟਕਣਾ ਵਿਚ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ।
55765	1300	ਸਾਧਸੰਗਿ ਜਮ ਜੇਵਰੀ ਕਾਟੀ ਨਾਨਕ ਸਹਜਿ ਸਮਾਇਆ॥੨॥੧੦॥		Saadhhasang Jam Jaevaree Kaattee Naanak Sehaj Samaaeiaa ||2||10||	But in the Saadh Sangat, the Company of the Holy, the noose of Death is cut, O Nanak, and one intuitively merges in celestial peace. ||2||10||	ਪਰ, ਹੇ ਨਾਨਕ! ਸਾਧ ਸੰਗਤ ਵਿਚ ਟਿਕਿਆਂ ਜਮਾਂ ਵਾਲੀ ਫਾਹੀ ਕੱਟੀ ਜਾਂਦੀ ਹੈ, ਮਨੁੱਖ ਆਤਮਕ ਅਡੋਲਤਾ ਵਿਚ ਲੀਨ ਹੋ ਜਾਂਦਾ ਹੈ ॥੨॥੧੦॥

55766	1300	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55767	1300	ਹਰਿ ਕੇ ਚਰਨ ਹਿਰਦੈ ਗਾਇ॥		Har Kae Charan Hiradhai Gaae ||	Sing of the Lord's Feet within your heart.	ਪਰਮਾਤਮਾ ਦੇ ਚਰਨ ਹਿਰਦੇ ਵਿਚ (ਟਿਕਾ ਕੇ; ਉਸ ਦੇ ਗੁਣ) ਗਾਇਆ ਕਰ।
55768	1300	ਸੀਤਲਾ ਸੁਖ ਸਾਂਤਿ ਮੂਰਤਿ ਸਿਮਰਿ ਸਿਮਰਿ ਨਿਤ ਧਿਆਇ॥੧॥ਰਹਾਉ ॥		Seethalaa Sukh Saanth Moorath Simar Simar Nith Dhhiaae ||1|| Rehaao ||	Meditate, meditate in constant remembrance on God, the Embodiment of soothing peace and cooling tranquility. ||1||Pause||	ਉਸ ਪ੍ਰਭੂ ਦਾ ਸਦਾ ਧਿਆਨ ਧਰਿਆ ਕਰ, ਉਸ ਪ੍ਰਭੂ ਦਾ ਸਦਾ ਸਿਮਰਨ ਕਰਿਆ ਕਰ ਜੋ ਠੰਢ-ਸਰੂਪ ਹੈ ਜੋ ਸੁਖ-ਸਰੂਪ ਹੈ ਜੋ ਸ਼ਾਂਤੀ-ਸਰੂਪ ਹੈ ॥੧॥ ਰਹਾਉ ॥
55769	1300	ਸਗਲ ਆਸ ਹੋਤ ਪੂਰਨ ਕੋਟਿ ਜਨਮ ਦੁਖੁ ਜਾਇ॥੧॥		Sagal Aas Hoth Pooran Kott Janam Dhukh Jaae ||1||	All your hopes shall be fulfilled, and the pain of millions of deaths and births shall be gone. ||1||	(ਸਿਮਰਨ ਦੀ ਬਰਕਤਿ ਨਾਲ ਮਨੁੱਖ ਦੀ) ਸਾਰੀ ਆਸ ਪੂਰੀ ਹੋ ਜਾਂਦੀ ਹੈ, ਕ੍ਰੋੜਾਂ ਜਨਮਾਂ ਦਾ ਦੁੱਖ ਦੂਰ ਹੋ ਜਾਂਦਾ ਹੈ ॥੧॥
55770	1300	ਪੁੰਨ ਦਾਨ ਅਨੇਕ ਕਿਰਿਆ ਸਾਧੂਸੰਗਿ ਸਮਾਇ॥		Punn Dhaan Anaek Kiriaa Saadhhoo Sang Samaae ||	Immerse yourself in the Saadh Sangat, the Company of the Holy, and you shall obtain the benefits of giving charitable gifts, and all sorts of good deeds.	ਗੁਰੂ ਦੀ ਸੰਗਤ ਵਿਚ ਟਿਕਿਆ ਰਹੁ-ਇਹੀ ਹੈ ਅਨੇਕਾਂ ਪੁੰਨ ਦਾਨ ਆਦਿਕ ਕਰਮ।

55771	1300	ਤਾਪ ਸੰਤਾਪ ਮਿਟੇ ਨਾਨਕ ਬਾਹੁੜਿ ਕਾਲੁ ਨ ਖਾਇ॥੨॥੧੧॥		Thaap Santhaap Mittae Naanak Baahurr Kaal N Khaae ||2||11||	Sorrow and suffering shall be erased, O Nanak, and you shall never again be devoured by death. ||2||11||	(ਸੰਗਤ ਦੀ ਬਰਕਤਿ ਨਾਲ ਸਾਰੇ) ਦੁੱਖ ਕਲੇਸ਼ ਮਿਟ ਜਾਂਦੇ ਹਨ। ਹੇ ਨਾਨਕ! ਆਤਮਕ ਮੌਤ (ਆਤਮਕ ਜੀਵਨ ਨੂੰ) ਫਿਰ ਨਹੀਂ ਖਾ ਸਕਦੀ ॥੨॥੧੧॥
55772	1300	ਕਾਨੜਾ ਮਹਲਾ ੫ ਘਰੁ ੩		Kaanarraa Mehalaa 5 Ghar 3	Kaanraa, Fifth Mehl, Third House:	ਰਾਗ ਕਾਨੜਾ, ਘਰ ੩ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
55773	1300	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
55774	1300	ਕਥੀਐ ਸੰਤਸੰਗਿ ਪ੍ਰਭ ਗਿਆਨੁ॥		Kathheeai Santhasang Prabh Giaan ||	Speak of God's Wisdom in the Sat Sangat, the True Congregation.	ਸੰਤ ਜਨਾਂ ਦੀ ਸੰਗਤ ਵਿਚ (ਟਿਕ ਕੇ) ਪਰਮਾਤਮਾ ਦੇ ਗੁਣਾਂ ਦੀ ਗੱਲ ਤੋਰਨੀ ਚਾਹੀਦੀ ਹੈ।
55775	1300	ਪੂਰਨ ਪਰਮ ਜੋਤਿ ਪਰਮੇਸੁਰ ਸਿਮਰਤ ਪਾਈਐ ਮਾਨੁ॥੧॥ਰਹਾਉ॥		Pooran Param Joth Paramaesur Simarath Paaeeai Maan ||1|| Rehaao ||	Meditating in remembrance on the Perfect Supreme Divine Light, the Transcendent Lord God, honor and glory are obtained. ||1||Pause||	ਸਰਬ-ਵਿਆਪਕ ਸਭ ਤੋਂ ਉੱਚੇ ਨੂਰ ਪਰਮੇਸਰ ਦਾ (ਨਾਮ) ਸਿਮਰਦਿਆਂ (ਲੋਕ ਪਰਲੋਕ ਵਿਚ) ਇਜ਼ਤ ਹਾਸਲ ਕਰੀਦੀ ਹੈ ॥੧॥ ਰਹਾਉ ॥

55776	1300	ਆਵਤ ਜਾਤ ਰਹੇ ਸ੍ਰਮ ਨਾਸੇ ਸਿਮਰਤ ਸਾਧੂਸੰਗਿ॥		Aavath Jaath Rehae Sram Naasae Simarath Saadhhoo Sang ||	One's comings and goings in reincarnation cease, and suffering is dispelled, meditating in remembrance in the Saadh Sangat, the Company of the Holy.	ਗੁਰੂ ਦੀ ਸੰਗਤ ਵਿਚ (ਹਰਿ-ਨਾਮ) ਸਿਮਰਦਿਆਂ ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ (ਭਟਕਣਾਂ ਦੇ) ਥਕੇਵੇਂ ਨਾਸ ਹੋ ਜਾਂਦੇ ਹਨ।
55777	1300	ਪਤਿਤ ਪੁਨੀਤ ਹੋਹਿ ਖਿਨ ਭੀਤਰਿ ਪਾਰਬ੍ਰਹਮ ਕੈ ਰੰਗਿ॥੧॥		Pathith Puneeth Hohi Khin Bheethar Paarabreham Kai Rang ||1||	Sinners are sanctified in an instant, in the love of the Supreme Lord God. ||1||	ਪਰਮਾਤਮਾ ਦੇ ਪ੍ਰੇਮ-ਰੰਗ ਦੀ ਬਰਕਤਿ ਨਾਲ ਵਿਕਾਰੀ ਮਨੁੱਖ ਭੀ ਇਕ ਖਿਨ ਵਿਚ ਸੁੱਚੇ ਜੀਵਨ ਵਾਲੇ ਹੋ ਜਾਂਦੇ ਹਨ ॥੧॥
55778	1300	ਜੋ ਜੋ ਕਥੈ ਸੁਨੈ ਹਰਿ ਕੀਰਤਨੁ ਤਾ ਕੀ ਦੁਰਮਤਿ ਨਾਸ॥		Jo Jo Kathhai Sunai Har Keerathan Thaa Kee Dhuramath Naas ||	Whoever speaks and listens to the Kirtan of the Lord's Praises is rid of evil-mindedness.	ਜਿਹੜਾ ਜਿਹੜਾ ਮਨੁੱਖ ਪਰਮਾਤਮਾ ਦੀ ਸਿਫ਼ਤ-ਸਾਲਾਹ ਉਚਾਰਦਾ ਹੈ ਸੁਣਦਾ ਹੈ, ਉਸ ਦੀ ਖੋਟੀ ਮੱਤ ਦਾ ਨਾਸ ਹੋ ਜਾਂਦਾ ਹੈ।
55779	1300	ਸਗਲ ਮਨੋਰਥ ਪਾਵੈ ਨਾਨਕ ਪੂਰਨ ਹੋਵੈ ਆਸ॥੨॥੧॥੧੨॥		Sagal Manorathh Paavai Naanak Pooran Hovai Aas ||2||1||12||	All hopes and desires, O Nanak, are fulfilled. ||2||1||12||	ਹੇ ਨਾਨਕ! ਉਹ ਮਨੁੱਖ ਸਾਰੀਆਂ ਮਨੋ-ਕਾਮਨਾਂ ਹਾਸਲ ਕਰ ਲੈਂਦਾ ਹੈ, ਉਸ ਦੀ ਹਰੇਕ ਆਸ ਪੂਰੀ ਹੋ ਜਾਂਦੀ ਹੈ ॥੨॥੧॥੧੨॥

55780	1300	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55781	1300	ਸਾਧਸੰਗਤਿ ਨਿਧਿ ਹਰਿ ਕੋ ਨਾਮ॥		Saadhhasangath Nidhh Har Ko Naam ||	The Treasure of the Naam, the Name of the Lord, is found in the Saadh Sangat, the Company of the Holy.	ਗੁਰੂ ਦੀ ਸੰਗਤ ਵਿਚ (ਰਿਹਾਂ) ਪਰਮਾਤਮਾ ਦਾ ਨਾਮ-ਖ਼ਜ਼ਾਨਾ (ਮਿਲ ਜਾਂਦਾ ਹੈ),
55782	1300	ਸੰਗਿ ਸਹਾਈ ਜੀਅ ਕੈ ਕਾਮ॥੧॥ਰਹਾਉ॥		Sang Sehaaee Jeea Kai Kaam ||1|| Rehaao ||	It is the Companion of the soul, its Helper and Support. ||1||Pause||	(ਜੋ ਜੀਵ ਦੇ) ਨਾਲ (ਸਦਾ) ਸਾਥੀ ਬਣਿਆ ਰਹਿੰਦਾ ਹੈ ਜੋ ਜਿੰਦ ਦੇ (ਸਦਾ) ਕੰਮ ਆਉਂਦਾ ਹੈ ॥੧॥ ਰਹਾਉ ॥
55783	1300	ਸੰਤ ਰੇਨੁ ਨਿਤਿ ਮਜਨੁ ਕਰੈ॥		Santh Raen Nith Majan Karai ||	Continually bathing in the dust of the feet of the Saints,	ਜਿਹੜਾ ਮਨੁੱਖ ਸੰਤ ਜਨਾਂ ਦੀ ਚਰਨ-ਧੂੜ ਵਿਚ ਸਦਾ ਇਸ਼ਨਾਨ ਕਰਦਾ ਹੈ,
55784	1300	ਜਨਮ ਜਨਮ ਕੇ ਕਿਲਬਿਖ ਹਰੈ॥੧॥		Janam Janam Kae Kilabikh Harai ||1||	The sins of countless incarnations are washed away. ||1||	ਉਹ ਆਪਣੇ ਅਨੇਕਾਂ ਜਨਮਾਂ ਦੇ ਪਾਪ ਦੂਰ ਕਰ ਲੈਂਦਾ ਹੈ ॥੧॥
55785	1300	ਸੰਤ ਜਨਾ ਕੀ ਊਚੀ ਬਾਨੀ॥	ਬਾਨੀ: ਪੋਲਾ ਬੋਲੋ	Santh Janaa Kee Oochee Baanee ||	The words of the humble Saints are lofty and exalted.	ਸੰਤ ਜਨਾਂ ਦੀ (ਮਨੁੱਖੀ ਜੀਵਨ ਨੂੰ) ਉੱਚਾ ਕਰਨ ਵਾਲੀ ਬਾਣੀ ਨੂੰ ਸਿਮਰ ਸਿਮਰ ਕੇ

55786	1300	ਸਿਮਰਿ ਸਿਮਰਿ ਤਰੇ ਨਾਨਕ ਪ੍ਰਾਨੀ॥੨॥੨॥੧੩॥		Simar Simar Tharae Naanak Praanee ||2||2||13||	Meditating, meditating in remembrance, O Nanak, mortal beings are carried across and saved. ||2||2||13||	ਹੇ ਨਾਨਕ! ਅਨੇਕਾਂ ਹੀ ਪ੍ਰਾਣੀ ਸੰਸਾਰ-ਸਮੁੰਦਰ ਤੋਂ ਪਾਰ ਲੰਘਦੇ ਆ ਰਹੇ ਹਨ ॥੨॥੨॥੧੩॥
55787	1300	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55788	1300	ਸਾਧੂ ਹਰਿ ਹਰੇ ਗੁਨ ਗਾਇ॥		Saadhhoo Har Harae Gun Gaae ||	O Holy people, sing the Glorious Praises of the Lord, Har, Haray.	(ਤੂੰ) ਗੁਰੂ (ਦੀ ਸਰਨ ਪੈ ਕੇ) ਉਸ ਪ੍ਰਭੂ ਦੇ ਗੁਣ ਗਾਇਆ ਕਰ,
55789	1300	ਮਾਨ ਤਨੁ ਧਨੁ ਪ੍ਰਾਨ ਪ੍ਰਭ ਕੇ ਸਿਮਰਤ ਦੁਖੁ ਜਾਇ॥੧॥ਰਹਾਉ॥		Maan Than Dhhan Praan Prabh Kae Simarath Dhukh Jaae ||1|| Rehaao ||	Mind, body, wealth and the breath of life - all come from God; remembering Him in meditation, pain is taken away. ||1||Pause||	(ਜਿਸ) ਪ੍ਰਭੂ ਦੇ (ਦਿੱਤੇ ਹੋਏ) ਇਹ ਮਨ, ਇਹ ਤਨ, ਇਹ ਧਨ, ਇਹ ਜਿੰਦ, (ਹਨ। ਉਸ ਦਾ ਨਾਮ) ਸਿਮਰਦਿਆਂ (ਹਰੇਕ) ਦੁੱਖ ਦੂਰ ਹੋ ਜਾਂਦਾ ਹੈ ॥੧॥ ਰਹਾਉ ॥
55790	1300	ਈਤ ਊਤ ਕਹਾ ਲੁਭਾਵਹਿ ਏਕ ਸਿਉ ਮਨੁ ਲਾਇ॥੧॥	ਲੁਭਾਵਹਿ: ਹੋੜਾ ਅਤੇ ਔਂਕੜ ਵਿਚਕਾਰਲੀ ਅਵਾਜ ਬੋਲੋ	Eeth Ooth Kehaa Luobhaavehi Eaek Sio Man Laae ||1||	Why are you entangled in this and that? Let your mind be attuned to the One. ||1||	ਤੂੰ ਇਧਰ ਉਧਰ ਕਿਉਂ ਲੋਭ ਵਿਚ ਫਸ ਰਿਹਾ ਹੈਂ? ਇਕ ਪਰਮਾਤਮਾ ਨਾਲ ਆਪਣਾ ਮਨ ਜੋੜ ॥੧॥

55791	1300	ਮਹਾ ਪਵਿਤ੍ਰ ਸੰਤ ਆਸਨੁ ਮਿਲਿ ਸੰਗਿ ਗੋਬਿਦੁ ਧਿਆਇ॥੨॥		Mehaa Pavithr Santh Aasan Mil Sang Gobidh Dhhiaae ||2||	The place of the Saints is utterly sacred; meet with them, and meditate on the Lord of the Universe. ||2||	ਗੁਰੂ ਦਾ ਟਿਕਾਣਾ (ਜੀਵਨ ਨੂੰ) ਬਹੁਤ ਸੁੱਚਾ ਬਣਾਣ ਵਾਲਾ ਹੈ। ਗੁਰੂ ਨਾਲ ਮਿਲ ਕੇ ਗੋਬਿੰਦ ਨੂੰ (ਆਪਣੇ ਮਨ ਵਿਚ) ਧਿਆਇਆ ਕਰ ॥੨॥
55792	1300	ਸਗਲ ਤਿਆਗਿ ਸਰਨਿ ਆਇਓ ਨਾਨਕ ਲੇਹੁ ਮਿਲਾਇ॥੩॥੩॥੧੪॥		Sagal Thiaag Saran Aaeiou Naanak Laehu Milaae ||3||3||14||	O Nanak, I have abandoned everything and come to Your Sanctuary. Please let me merge with You. ||3||3||14||	ਹੇ ਨਾਨਕ! (ਆਖ)ਸਾਰੇ (ਆਸਰੇ) ਛੱਡ ਕੇ ਮੈਂ ਤੇਰੀ ਸਰਨ ਆਇਆ ਹਾਂ। ਮੈਨੂੰ ਆਪਣੇ ਚਰਨਾਂ ਵਿਚ ਜੋੜੀ ਰੱਖ ॥੩॥੩॥੧੪॥
55793	1300	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55794	1300	ਪੇਖਿ ਪੇਖਿ ਬਿਗਸਾਉ ਸਾਜਨ ਪ੍ਰਭੁ ਆਪਨਾ ਇਕਾਂਤ॥੧॥ਰਹਾਉ॥		Paekh Paekh Bigasaao Saajan Prabh Aapanaa Eikaanth ||1|| Rehaao ||	Gazing upon and beholding my Best Friend, I blossom forth in bliss; my God is the One and Only. ||1||Pause||	ਮੈਂ ਆਪਣੇ ਸੱਜਣ ਪ੍ਰਭੂ ਨੂੰ (ਹਰ ਥਾਂ ਵੱਸਦਾ) ਵੇਖ ਵੇਖ ਕੇ ਖ਼ੁਸ਼ ਹੋ ਜਾਂਦਾ ਹਾਂ, (ਉਹ ਸਰਬ-ਵਿਆਪਕ ਹੁੰਦਿਆਂ ਭੀ ਮਾਇਆ ਦੇ ਪ੍ਰਭਾਵ ਤੋਂ) ਵੱਖਰਾ ਰਹਿੰਦਾ ਹੈ ॥੧॥ ਰਹਾਉ ॥

55795	1300	ਆਨਦਾ ਸੁਖ ਸਹਜ ਮੂਰਤਿ ਤਿਸੁ ਆਨ ਨਾਹੀ ਭਾਂਤਿ॥੧॥		Aanadhaa Sukh Sehaj Moorath This Aan Naahee Bhaanth ||1||	He is the Image of Ecstasy, Intuitive Peace and Poise. There is no other like Him. ||1||	ਉਹ ਸੱਜਣ ਪ੍ਰਭੂ ਆਨੰਦ-ਰੂਪ ਹੈ, ਸੁਖ-ਸਰੂਪ ਹੈ, ਆਤਮਕ ਅਡੋਲਤਾ ਦਾ ਸਰੂਪ ਹੈ। ਉਸ ਵਰਗਾ ਹੋਰ ਕੋਈ ਨਹੀਂ ਹੈ ॥੧॥
55796	1300	ਸਿਮਰਤ ਇਕ ਬਾਰ ਹਰਿ ਹਰਿ ਮਿਟਿ ਕੋਟਿ ਕਸਮਲ ਜਾਂਤਿ॥੨॥	(ਕਸ-ਮਲਾ) ਮਿਟਿ ਪੋਲ	Simarath Eik Baar Har Har Mitt Kott Kasamal Jaanth ||2||	Meditating in remembrance on the Lord, Har, Har, even once, millions of sins are erased. ||2||	ਉਸ ਹਰੀ ਪ੍ਰਭੂ ਦਾ ਨਾਮ ਸਦਾ ਸਿਮਰਦਿਆਂ ਕ੍ਰੋੜਾਂ ਪਾਪ ਮਿਟ ਜਾਂਦੇ ਹਨ ॥੨॥
55797	1301	ਗੁਣ ਰਮੰਤ ਦੂਖ ਨਾਸਹਿ ਰਿਦ ਭਇਅੰਤ ਸਾਂਤਿ॥੩॥	(ਰਮੰਤ) ਉਚਾਰਨੇ ਕਰਕੇ। (ਭਇਅੰਤ) ਹੋ ਜਾਂਦੀ ਹੈ। ਨੱਾਸਹਿ	Gun Ramanth Dhookh Naasehi Ridh Bhaeianth Saanth ||3||	Uttering His Glorious Praises, suffering is eradicated, and the heart becomes tranquil and calm. ||3||	ਉਹ ਸੱਜਣ-ਪ੍ਰਭੂ ਦੇ ਗੁਣ ਗਾਂਦਿਆਂ (ਸਾਰੇ) ਦੁੱਖ ਨਾਸ ਹੋ ਜਾਂਦੇ ਹਨ, ਹਿਰਦੇ ਵਿਚ ਠੰਢ ਪੈ ਜਾਂਦੀ ਹੈ ॥੩॥
55798	1301	ਅੰਮ੍ਰਿਤਾ ਰਸੁ ਪੀਉ ਰਸਨਾ ਨਾਨਕ ਹਰਿ ਰੰਗਿ ਰਾਤ॥੪॥੪॥੧੫॥		Anmrithaa Ras Peeo Rasanaa Naanak Har Rang Raath ||4||4||15||	Drink in the Sweet, Sublime Ambrosial Nectar, O Nanak, and be imbued with the Love of the Lord. ||4||4||15||	ਹੇ ਨਾਨਕ! (ਉਸ ਸੱਜਣ-ਪ੍ਰਭੂ ਦਾ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ (ਆਪਣੀ) ਜੀਭ ਨਾਲ ਪੀਂਦਾ ਰਹੁ, ਅਤੇ ਉਸ ਹਰੀ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹੁ ॥੪॥੪॥੧੫॥
55799	1301	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	

55800	1301	ਸਾਜਨਾ ਸੰਤ ਆਉ ਮੇਰੈ॥੧॥ਰਹਾਉ॥		Saajanaa Santh Aao Maerai ||1|| Rehaao ||	O friends, O Saints, come to me. ||1||Pause||	ਹੇ ਸੰਤ ਜਨੋ! ਹੇ ਸੱਜਣੋ! ਤੁਸੀਂ ਮੇਰੇ ਘਰ ਆਓ ॥੧॥ ਰਹਾਉ ॥
55801	1301	ਆਨਦਾ ਗੁਨ ਗਾਇ ਮੰਗਲ ਕਸਮਲਾ ਮਿਟਿ ਜਾਹਿ ਪਰੇਰੈ॥੧॥		Aanadhaa Gun Gaae Mangal Kasamalaa Mitt Jaahi Paraerai ||1||	Singing the Glorious Praises of the Lord with pleasure and joy, the sins will be erased and thrown away. ||1||	ਹੇ ਸੱਜਣੋ! (ਤੁਹਾਡੀ ਸੰਗਤ ਵਿਚ ਪਰਮਾਤਮਾ ਦੇ) ਗੁਣ ਗਾ ਕੇ (ਮੇਰੇ ਹਿਰਦੇ ਵਿਚ) ਆਨੰਦ ਪੈਦਾ ਹੋ ਜਾਂਦਾ ਹੈ, ਖ਼ੁਸ਼ੀਆਂ ਬਣ ਜਾਂਦੀਆਂ ਹਨ, (ਮੇਰੇ ਅੰਦਰੋਂ) ਸਾਰੇ ਪਾਪ ਮਿਟ ਜਾਂਦੇ ਹਨ, ਦੂਰ ਹੋ ਜਾਂਦੇ ਹਨ ॥੧॥
55802	1301	ਸੰਤ ਚਰਨ ਧਰਉ ਮਾਥੈ ਚਾਂਦਨਾ ਗ੍ਰਿਹਿ ਹੋਇ ਅੰਧੇਰੈ॥੨॥		Santh Charan Dhharo Maathhai Chaandhanaa Grihi Hoe Andhhaerai ||2||	Touch your forehead to the feet of the Saints, and your dark household shall be illumined. ||2||	ਜਦੋਂ ਮੈਂ ਸੰਤ ਜਨਾਂ ਦੇ ਚਰਨ (ਆਪਣੇ) ਮੱਥੇ ਉੱਤੇ ਰੱਖਦਾ ਹਾਂ, ਮੇਰੇ ਹਨੇਰੇ (ਹਿਰਦੇ-) ਘਰ ਵਿੱਚ (ਆਤਮਕ) ਚਾਨਣ ਹੋ ਜਾਂਦਾ ਹੈ ॥੨॥
55803	1301	ਸੰਤ ਪ੍ਰਸਾਦਿ ਕਮਲੁ ਬਿਗਸੈ ਗੋਬਿੰਦ ਭਜਉ ਪੇਖਿ ਨੇਰੈ॥੩॥		Santh Prasaadh Kamal Bigasai Gobindh Bhajo Paekh Naerai ||3||	By the Grace of the Saints, the heart-lotus blossoms forth. Vibrate and meditate on the Lord of the Universe, and see Him near at hand. ||3||	ਸੰਤ ਜਨਾਂ ਦੀ ਕਿਰਪਾ ਨਾਲ (ਮੇਰਾ ਹਿਰਦਾ-) ਕੌਲ ਖਿੜ ਪੈਂਦਾ ਹੈ, ਗੋਬਿੰਦ ਨੂੰ (ਆਪਣੇ) ਨੇੜੇ ਵੇਖ ਕੇ ਮੈਂ ਉਸ ਦਾ ਭਜਨ ਕਰਦਾ ਹਾਂ ॥੩॥

55804	1301	ਪ੍ਰਭ ਕ੍ਰਿਪਾ ਤੇ ਸੰਤ ਪਾਏ ਵਾਰਿ ਵਾਰਿ ਨਾਨਕ ਉਹ ਬੇਰੈ॥੪॥੫॥੧੬॥		Prabh Kirapaa Thae Santh Paaeae Vaar Vaar Naanak Ouh Baerai ||4||5||16||	By the Grace of God, I have found the Saints. Over and over again, Nanak is a sacrifice to that moment. ||4||5||16||	ਪਰਮਾਤਮਾ ਦੀ ਮਿਹਰ ਨਾਲ ਮੈਂ ਸੰਤ ਜਨਾਂ ਨੂੰ ਮਿਲਿਆ। ਹੇ ਨਾਨਕ! ਮੈਂ ਉਸ ਵੇਲੇ ਤੋਂ ਸਦਾ ਕੁਰਬਾਨ ਜਾਂਦਾ ਹਾਂ (ਜਦੋਂ ਸੰਤਾਂ ਦੀ ਸੰਗਤ ਪ੍ਰਾਪਤ ਹੋਈ) ॥੪॥੫॥੧੬॥
55805	1301	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55806	1301	ਚਰਨ ਸਰਨ ਗੋਪਾਲ ਤੇਰੀ॥		Charan Saran Gopaal Thaeree ||	I seek the Sanctuary of Your Lotus Feet, O Lord of the World.	ਹੇ ਸ੍ਰਿਸ਼ਟੀ ਦੇ ਪਾਲਣਹਾਰ! ਮੈਂ ਤੇਰੇ ਚਰਨਾਂ ਦੀ ਸਰਨ ਆਇਆ ਹਾਂ।
55807	1301	ਮੋਹ ਮਾਨ ਧੋਹ ਭਰਮ ਰਾਖਿ ਲੀਜੈ ਕਾਟਿ ਬੇਰੀ॥੧॥ਰਹਾਉ॥		Moh Maan Dhhoh Bharam Raakh Leejai Kaatt Baeree ||1|| Rehaao ||	Save me from emotional attachment, pride, deception and doubt; please cut away these ropes which bind me. ||1||Pause||	(ਮੇਰੇ ਅੰਦਰੋਂ) ਮੋਹ, ਅਹੰਕਾਰ, ਠੱਗੀ, ਭਟਕਣਾ (ਆਦਿਕ ਦੀਆਂ) ਫਾਹੀਆਂ ਕੱਟ ਕੇ (ਮੇਰੀ) ਰੱਖਿਆ ਕਰ ॥੧॥ ਰਹਾਉ ॥
55808	1301	ਬੂਡਤ ਸੰਸਾਰ ਸਾਗਰ॥		Booddath Sansaar Saagar ||	I am drowning in the world-ocean.	ਸੰਸਾਰ-ਸਮੁੰਦਰ ਵਿਚ ਡੁੱਬ ਰਹੇ ਜੀਵ-
55809	1301	ਉਧਰੇ ਹਰਿ ਸਿਮਰਿ ਰਤਨਾਗਰ॥੧॥	ਰਤਨੱਾਗਰ	Oudhharae Har Simar Rathanaagar ||1||	Meditating in remembrance on the Lord, the Source of Jewels, I am saved. ||1||	ਹੇ ਰਤਨਾਂ ਦੀ ਖਾਣ ਹਰੀ! (ਤੇਰਾ ਨਾਮ) ਸਿਮਰ ਕੇ ਬਚ ਨਿਕਲਦੇ ਹਨ ॥੧॥

55810	1301	ਸੀਤਲਾ ਹਰਿ ਨਾਮੁ ਤੇਰਾ॥		Seethalaa Har Naam Thaeraa ||	Your Name, Lord, is cooling and soothing.	ਹੇ ਹਰੀ! ਤੇਰਾ ਨਾਮ (ਜੀਵਾਂ ਦੇ ਹਿਰਦੇ ਵਿਚ) ਠੰਢ ਪਾਣ ਵਾਲਾ ਹੈ।
55811	1301	ਪੂਰਨੋ ਠਾਕੁਰ ਪ੍ਰਭੁ ਮੇਰਾ॥੨॥		Poorano Thaakur Prabh Maeraa ||2||	God, my Lord and Master, is Perfect. ||2||	ਹੇ ਠਾਕੁਰ! ਤੂੰ ਸਰਬ-ਵਿਆਪਕ ਹੈਂ, ਤੂੰ ਮੇਰਾ ਪ੍ਰਭੂ ਹੈਂ ॥੨॥
55812	1301	ਦੀਨ ਦਰਦ ਨਿਵਾਰਿ ਤਾਰਨ॥		Dheen Dharadh Nivaar Thaaran ||	You are the Deliverer, the Destroyer of the sufferings of the meek and the poor.	ਪਰਮਾਤਮਾ ਗ਼ਰੀਬਾਂ ਦੇ ਦੁੱਖ ਦੂਰ ਕਰ ਕੇ (ਉਹਨਾਂ ਨੂੰ ਦੁਖਾਂ ਦੇ ਸਮੁੰਦਰ ਵਿਚੋਂ) ਪਾਰ ਲੰਘਾਣ ਵਾਲਾ ਹੈ।
55813	1301	ਹਰਿ ਕ੍ਰਿਪਾਨਿਧਿ ਪਤਿਤ ਉਧਾਰਨ॥੩॥		Har Kirapaa Nidhh Pathith Oudhhaaran ||3||	The Lord is the Treasure of Mercy, the Saving Grace of sinners. ||3||	ਹਰੀ ਦਇਆ ਦਾ ਖ਼ਜ਼ਾਨਾ ਹੈ, ਵਿਕਾਰੀਆਂ ਨੂੰ (ਵਿਕਾਰਾਂ ਵਿਚੋਂ) ਬਚਾਣ ਵਾਲਾ ਹੈ ॥੩॥
55814	1301	ਕੋਟਿ ਜਨਮ ਦੂਖ ਕਰਿ ਪਾਇਓ॥		Kott Janam Dhookh Kar Paaeiou ||	I have suffered the pains of millions of incarnations.	(ਮਨੁੱਖ) ਕ੍ਰੋੜਾਂ ਜਨਮਾਂ ਦੇ ਦੁੱਖ ਸਹਾਰ ਕੇ (ਮਨੁੱਖਾ ਜਨਮ) ਹਾਸਲ ਕਰਦਾ ਹੈ,
55815	1301	ਸੁਖੀ ਨਾਨਕ ਗੁਰਿ ਨਾਮੁ ਦ੍ਰਿੜਾਇਓ॥੪॥੬॥੧੭॥		Sukhee Naanak Gur Naam Dhrirraaeiou ||4||6||17||	Nanak is at peace; the Guru has implanted the Naam, the Name of the Lord, within me. ||4||6||17||	(ਪਰ) ਹੇ ਨਾਨਕ! ਸੁਖੀ (ਉਹੀ) ਹੈ ਜਿਸ ਦੇ ਹਿਰਦੇ ਵਿਚ) ਗੁਰੂ ਨੇ (ਪਰਮਾਤਮਾ ਦਾ) ਨਾਮ ਪੱਕਾ ਕਰ ਦਿੱਤਾ ਹੈ ॥੪॥੬॥੧੭॥
55816	1301	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	

55817	1301	ਧਨਿ ਉਹ ਪ੍ਰੀਤਿ ਚਰਨ ਸੰਗਿ ਲਾਗੀ॥		Dhhan Ouh Preeth Charan Sang Laagee ||	Blessed is that love, which is attuned to the Lord's Feet.	ਉਹ ਪ੍ਰੀਤ ਸਲਾਹੁਣ-ਜੋਗ ਹੈ ਜਿਹੜੀ (ਪਰਮਾਤਮਾ ਦੇ) ਚਰਨਾਂ ਨਾਲ ਲੱਗਦੀ ਹੈ।
55818	1301	ਕੋਟਿ ਜਾਪ ਤਾਪ ਸੁਖ ਪਾਏ ਆਇ ਮਿਲੇ ਪੂਰਨ ਬਡਭਾਗੀ॥੧॥ਰਹਾਉ ॥		Kott Jaap Thaap Sukh Paaeae Aae Milae Pooran Baddabhaagee ||1|| Rehaao ||	The peace which comes from millions of chants and deep meditations is obtained by perfect good fortune and destiny. ||1||Pause||	(ਉਸ ਪ੍ਰੀਤ ਦੀ ਬਰਕਤਿ ਨਾਲ, ਮਾਨੋ) ਕ੍ਰੋੜਾਂ ਜਪਾਂ ਤਪਾਂ ਦੇ ਸੁਖ ਪ੍ਰਾਪਤ ਹੋ ਜਾਂਦੇ ਹਨ, ਅਤੇ ਪੂਰਨ ਪ੍ਰਭੂ ਜੀ ਵੱਡੇ ਭਾਗਾਂ ਨਾਲ ਆ ਮਿਲਦੇ ਹਨ ॥੧॥ ਰਹਾਉ ॥
55819	1301	ਮੋਹਿ ਅਨਾਥੁ ਦਾਸੁ ਜਨੁ ਤੇਰਾ ਅਵਰ ਓਟ ਸਗਲੀ ਮੋਹਿ ਤਿਆਗੀ॥		Mohi Anaathh Dhaas Jan Thaeraa Avar Outt Sagalee Mohi Thiaagee ||	I am Your helpless servant and slave; I have given up all other support.	ਹੇ ਪ੍ਰਭੂ! ਮੈਂ ਤੇਰਾ ਦਾਸ ਹਾਂ ਤੇਰਾ ਸੇਵਕ ਹਾਂ, ਮੈਨੂੰ ਹੋਰ ਕੋਈ ਆਸਰਾ ਨਹੀਂ (ਤੈਥੋਂ ਬਿਨਾ) ਮੈਂ ਹੋਰ ਸਾਰੀ ਓਟ ਛੱਡ ਚੁੱਕਾ ਹਾਂ।
55820	1301	ਭੋਰ ਭਰਮ ਕਾਟੇ ਪ੍ਰਭ ਸਿਮਰਤ ਗਿਆਨ ਅੰਜਨ ਮਿਲਿ ਸੋਵਤ ਜਾਗੀ॥੧॥		Bhor Bharam Kaattae Prabh Simarath Giaan Anjan Mil Sovath Jaagee ||1||	Every trace of doubt has been eradicated, remembering God in meditation. I have applied the ointment of spiritual wisdom, and awakened from my sleep. ||1||	ਹੇ ਪ੍ਰਭੂ! ਤੇਰਾ ਨਾਮ ਸਿਮਰਦਿਆਂ ਤੇਰੇ ਨਾਲ ਡੂੰਘੀ ਸਾਂਝ ਦਾ ਸੁਰਮਾ ਪਾਇਆਂ ਮੇਰੇ ਛੋਟੇ ਤੋਂ ਛੋਟੇ ਭਰਮ ਭੀ ਕੱਟੇ ਗਏ ਹਨ, (ਤੇਰੇ ਚਰਨਾਂ ਵਿਚ) ਮਿਲ ਕੇ ਮੈਂ (ਮਾਇਆ ਦੇ ਮੋਹ ਦੀ ਨੀਂਦ ਵਿਚ) ਸੁੱਤੀ ਜਾਗ ਪਈ ਹਾਂ ॥੧॥

55821	1301	ਤੂ ਅਥਾਹੁ ਅਤਿ ਬਡੋ ਸੁਆਮੀ ਕ੍ਰਿਪਾਸਿੰਧੁ ਪੂਰਨ ਰਤਨਾਗੀ॥		Thoo Athhaahu Ath Baddo Suaamee Kirapaa Sindhh Pooran Rathanaagee ||	You are Unfathomably Great and Utterly Vast, O my Lord and Master, Ocean of Mercy, Source of Jewels.	ਹੇ ਸੁਆਮੀ! ਤੂੰ ਇਕ ਬਹੁਤ ਵੱਡਾ ਅਥਾਹ ਦਇਆ-ਦਾ-ਸਮੁੰਦਰ ਹੈਂ, ਤੂੰ ਸਰਬ-ਵਿਆਪਕ ਹੈਂ, ਤੂੰ ਰਤਨਾਂ ਦੀ ਖਾਣ ਹੈਂ।
55822	1301	ਨਾਨਕੁ ਜਾਚਕੁ ਹਰਿ ਹਰਿ ਨਾਮੁ ਮਾਂਗੈ ਮਸਤਕੁ ਆਨਿ ਧਰਿਓ ਪ੍ਰਭ ਪਾਗੀ॥੨॥੭॥੧੮॥	ਪਾਗੀਂ: ਪੋਲਾ ਬੋਲੋ	Naanak Jaachak Har Har Naam Maangai Masathak Aan Dhhariou Prabh Paagee ||2||7||18||	Nanak, the beggar, begs for the Name of the Lord, Har, Har; he rests his forehead upon God's Feet. ||2||7||18||	ਹੇ ਹਰੀ! (ਤੇਰੇ ਦਰ ਦਾ) ਮੰਗਤਾ ਨਾਨਕ ਤੇਰਾ ਨਾਮ ਮੰਗਦਾ ਹੈ। (ਨਾਨਕ ਨੇ ਆਪਣਾ) ਮੱਥਾ, ਹੇ ਪ੍ਰਭੂ! ਤੇਰੇ ਚਰਨਾਂ ਤੇ ਲਿਆ ਕੇ ਰੱਖ ਦਿੱਤਾ ਹੈ ॥੨॥੭॥੧੮॥
55823	1301	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55824	1301	ਕੁਚਿਲ ਕਠੋਰ ਕਪਟ ਕਾਮੀ॥	ਕੁ-ਚਿਲ: ਪੋਲਾ ਬੋਲੋ	Kuchil Kathor Kapatt Kaamee ||	I am filthy, hard-hearted, deceitful and obsessed with sexual desire.	ਹੇ ਸੁਆਮੀ! ਅਸੀਂ ਜੀਵ ਗੰਦੇ ਆਚਰਨ ਵਾਲੇ ਤੇ ਨਿਰਦਈ ਰਹਿੰਦੇ ਹਾਂ, ਠੱਗੀਆਂ ਕਰਨ ਵਾਲੇ ਹਾਂ, ਵਿਸ਼ਈ ਹਾਂ।
55825	1301	ਜਿਉ ਜਾਨਹਿ ਤਿਉ ਤਾਰਿ ਸੁਆਮੀ ॥੧॥ਰਹਾਉ॥		Jio Jaanehi Thio Thaar Suaamee ||1|| Rehaao ||	Please carry me across, as You wish, O my Lord and Master. ||1||Pause||	ਹੇ ਸੁਆਮੀ! ਜਿਸ ਭੀ ਤਰੀਕੇ ਨਾਲ ਤੂੰ (ਜੀਵਾਂ ਨੂੰ ਪਾਰ ਲੰਘਾਣਾ ਠੀਕ) ਸਮਝਦਾ ਹੈਂ, ਉਸੇ ਤਰ੍ਹਾਂ (ਇਹਨਾਂ ਵਿਕਾਰਾਂ ਤੋਂ) ਪਾਰ ਲੰਘਾ ॥੧॥ ਰਹਾਉ ॥

55826	1301	ਤੂ ਸਮਰਥੁ ਸਰਨਿ ਜੋਗੁ ਤੂ ਰਾਖਹਿ ਅਪਨੀ ਕਲ ਧਾਰਿ॥੧॥		Thoo Samarathh Saran Jog Thoo Raakhehi Apanee Kal Dhhaar ||1||	You are All-powerful and Potent to grant Sanctuary. Exerting Your Power, You protect us. ||1||	ਤੂੰ ਸਾਰੀਆਂ ਤਾਕਤਾਂ ਦਾ ਮਾਲਕ ਹੈਂ, ਤੂੰ ਸਰਨ-ਪਏ ਦੀ ਰੱਖਿਆ ਕਰਨ-ਜੋਗ ਹੈਂ, ਤੂੰ (ਜੀਵਾਂ ਨੂੰ) ਆਪਣੀ ਤਾਕਤ ਵਰਤ ਕੇ ਬਚਾਂਦਾ (ਆ ਰਿਹਾ) ਹੈਂ ॥੧॥
55827	1301	ਜਾਪ ਤਾਪ ਨੇਮ ਸੁਚਿ ਸੰਜਮ ਨਾਹੀ ਇਨ ਬਿਧੇ ਛੁਟਕਾਰ॥		Jaap Thaap Naem Such Sanjam Naahee Ein Bidhhae Shhuttakaar ||	Chanting and deep meditation, penance and austere self-discipline, fasting and purification - salvation does not come by any of these means.	ਜਪ, ਤਪ, ਵਰਤ-ਨੇਮ; ਸਰੀਰਕ ਪਵਿੱਤ੍ਰਤਾ, ਸੰਜਮ- ਇਹਨਾਂ ਤਰੀਕਿਆਂ ਨਾਲ (ਵਿਕਾਰਾਂ ਤੋਂ ਜੀਵਾਂ ਦੀ) ਖ਼ਲਾਸੀ ਨਹੀਂ ਹੋ ਸਕਦੀ।
55828	1301	ਗਰਤ ਘੋਰ ਅੰਧ ਤੇ ਕਾਢਹੁ ਪ੍ਰਭ ਨਾਨਕ ਨਦਰਿ ਨਿਹਾਰਿ॥੨॥੮॥੧੯॥		Garath Ghor Andhh Thae Kaadtahu Prabh Naanak Nadhar Nihaar ||2||8||19||	Please lift me up and out of this deep, dark ditch; O God, please bless Nanak with Your Glance of Grace. ||2||8||19||	ਹੇ ਪ੍ਰਭੂ! ਨਾਨਕ ਨੂੰ ਤੂੰ (ਆਪ ਹੀ) ਮਿਹਰ ਦੀ ਨਿਗਾਹ ਨਾਲ ਤੱਕ ਕੇ (ਵਿਕਾਰਾਂ ਦੇ) ਘੁੱਪ ਹਨੇਰੇ ਟੋਏ ਵਿਚੋਂ ਬਾਹਰ ਕੱਢ ॥੨॥੮॥੧੯॥
55829	1301	ਕਾਨੜਾ ਮਹਲਾ ੫ ਘਰੁ ੪		Kaanarraa Mehalaa 5 Ghar 4	Kaanraa, Fifth Mehl, Fourth House:	ਰਾਗ ਕਾਨੜਾ, ਘਰ ੪ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
55830	1301	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

55831	1301	ਨਾਰਾਇਨ ਨਰਪਤਿ ਨਮਸਕਾਰੈ॥		Naaraaein Narapath Namasakaarai ||	The one who bows in humble reverence to the Primal Lord, the Lord of all beings	(ਪ੍ਰਭੂ ਦੇ ਬੇਅੰਤ ਰੰਗ ਵੇਖ ਵੇਖ ਕੇ ਜਿਹੜਾ ਗੁਰੂ) ਪ੍ਰਭੂ-ਪਾਤਿਸ਼ਾਹ ਨੂੰ ਸਦਾ ਸਿਰ ਨਿਵਾਂਦਾ ਰਹਿੰਦਾ ਹੈ,
55832	1301	ਐਸੇ ਗੁਰ ਕਉ ਬਲਿ ਬਲਿ ਜਾਈਐ ਆਪਿ ਮੁਕਤੁ ਮੋਹਿ ਤਾਰੈ॥੧॥ਰਹਾਉ॥		Aisae Gur Ko Bal Bal Jaaeeai Aap Mukath Mohi Thaarai ||1|| Rehaao ||	- I am a sacrifice, a sacrifice to such a Guru; He Himself is liberated, and He carries me across as well. ||1||Pause||	ਜਿਹੜਾ (ਨਾਮ ਦੀ ਬਰਕਤਿ ਨਾਲ) (ਦੁਨੀਆ ਦੇ ਬੰਧਨਾਂ ਤੋਂ) ਆਪ ਨਿਰਲੇਪ ਹੈ, ਤੇ ਮੈਨੂੰ ਪਾਰ ਲੰਘਾਣ ਦੀ ਸਮਰੱਥਾ ਰੱਖਦਾ ਹੈ, ਉਸ ਗੁਰੂ ਤੋਂ ਸਦਾ ਹੀ ਕੁਰਬਾਨ ਜਾਣਾ ਚਾਹੀਦਾ ਹੈ ॥੧॥ ਰਹਾਉ ॥
55833	1301	ਕਵਨ ਕਵਨ ਕਵਨ ਗੁਨ ਕਹੀਐਂ ਅੰਤੁ ਨਹੀ ਕਛੁ ਪਾਰੈ॥		Kavan Kavan Kavan Gun Keheeai Anth Nehee Kashh Paarai ||	Which, which, which of Your Glorious Virtues should I chant? There is no end or limitation to them.	ਪਰਮਾਤਮਾ ਦੇ ਸਾਰੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ, ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ, ਪਰਮਾਤਮਾ ਦੇ ਗੁਣਾਂ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ।
55834	1301	ਲਾਖ ਲਾਖ ਲਾਖ ਕਈ ਕੋਰੈ ਕੋ ਹੈ ਐਸੋ ਬੀਚਾਰੈ॥੧॥		Laakh Laakh Laakh Kee Korai Ko Hai Aiso Beechaarai ||1||	There are thousands, tens of thousands, hundreds of thousands, many millions of them, but those who contemplate them are very rare. ||1||	ਜੋ ਇਉਂ ਸੋਚਦਾ ਹੈ, ਲੱਖਾਂ ਬੰਦਿਆਂ ਵਿਚੋਂ ਕ੍ਰੋੜਾਂ ਬੰਦਿਆਂ ਵਿਚੋਂ ਕੋਈ ਵਿਰਲਾ (ਅਜਿਹਾ ਮਨੁੱਖ) ਹੁੰਦਾ ਹੈ ॥੧॥

55835	1302	ਬਿਸਮ ਬਿਸਮ ਬਿਸਮ ਹੀ ਭਈ ਹੈ ਲਾਲ ਗੁਲਾਲ ਰੰਗਾਰੈ॥		Bisam Bisam Bisam Hee Bhee Hai Laal Gulaal Rangaarai ||	I am wonder-struck, wonder-struck, wonder-struck and amazed, dyed in the deep crimson color of my Beloved.	ਸੋਹਣੇ ਪ੍ਰਭੂ ਅਤੇ ਸੋਹਣੇ ਪ੍ਰਭੂ ਦੇ (ਅਸਚਰਜ) ਕੌਤਕਾਂ ਤੋਂ ਹੈਰਾਨ ਹੋ ਜਾਈਦਾ ਹੈ ਹੈਰਾਨ ਹੀ ਹੋ ਜਾਈਦਾ ਹੈ।
55836	1302	ਕਹੁ ਨਾਨਕ ਸੰਤਨ ਰਸੁ ਆਈ ਹੈ ਜਿਉ ਚਾਖਿ ਗੂੰਗਾ ਮੁਸਕਾਰੈ॥੨॥੧॥੨੦॥		Kahu Naanak Santhan Ras Aaee Hai Jio Chaakh Goongaa Musakaarai ||2||1||20||	Says Nanak, the Saints savor this sublime essence, like the mute, who tastes the sweet candy, but only smiles. ||2||1||20||	ਨਾਨਕ ਆਖਦਾ ਹੈ- ਸੰਤ ਜਨਾਂ ਨੂੰ (ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦਾ) ਸੁਆਦ ਆਉਂਦਾ ਹੈ (ਪਰ ਇਸ ਸੁਆਦ ਨੂੰ ਉਹ ਬਿਆਨ ਨਹੀਂ ਕਰ ਸਕਦੇ) ਜਿਵੇਂ (ਕੋਈ) ਗੁੰਗਾ ਮਨੁੱਖ (ਕੋਈ ਸੁਆਦਲਾ ਪਦਾਰਥ) ਚੱਖ ਕੇ (ਸਿਰਫ਼) ਮੁਸਕਰਾ ਹੀ ਦੇਂਦਾ ਹੈ (ਪਰ ਸੁਆਦ ਨੂੰ ਬਿਆਨ ਨਹੀਂ ਕਰ ਸਕਦਾ) ॥੨॥੧॥੨੦॥
55837	1302	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55838	1302	ਨ ਜਾਨੀ ਸੰਤਨ ਪ੍ਰਭ ਬਿਨੁ ਆਨ॥		N Jaanee Santhan Prabh Bin Aan ||	The Saints do not know any other except God.	ਸੰਤ ਜਨਾਂ ਨੇ ਪ੍ਰਭੂ ਤੋਂ ਬਿਨਾ ਕਿਸੇ ਹੋਰ ਨੂੰ (ਕਿਤੇ ਵੱਸਦਾ) ਨਹੀਂ ਜਾਣਿਆ।

55839	1302	ਊਚ ਨੀਚ ਸਭ ਪੇਖਿ ਸਮਾਨੋ ਮੁਖਿ ਬਕਨੋ ਮਨਿ ਮਾਨ॥੧॥ਰਹਾਉ॥		Ooch Neech Sabh Paekh Samaano Mukh Bakano Man Maan ||1|| Rehaao ||	They look upon all equally, the high and the low; they speak of Him with their mouths, and honor Him in their minds. ||1||Pause||	ਸੰਤ ਜਨ ਉੱਚੇ ਨੀਵੇਂ ਸਭ ਜੀਵਾਂ ਵਿਚ (ਸਿਰਫ਼ ਪਰਮਾਤਮਾ ਨੂੰ) ਇੱਕ-ਸਮਾਨ (ਵੱਸਦਾ) ਵੇਖ ਕੇ ਮੂੰਹੋਂ (ਪਰਮਾਤਮਾ ਦਾ ਨਾਮ) ਉਚਾਰਦੇ ਹਨ ਅਤੇ (ਆਪਣੇ) ਮਨ ਵਿਚ ਉਸ ਦਾ ਧਿਆਨ ਧਰਦੇ ਹਨ ॥੧॥ ਰਹਾਉ ॥
55840	1302	ਘਟਿ ਘਟਿ ਪੂਰਿ ਰਹੇ ਸੁਖਸਾਗਰ ਭੈ ਭੰਜਨ ਮੇਰੇ ਪ੍ਰਾਨ॥		Ghatt Ghatt Poor Rehae Sukh Saagar Bhai Bhanjan Maerae Praan ||	He is pervading and permeating each and every heart; He is the Ocean of Peace, the Destroyer of fear. He is my praanaa - the Breath of Life.	ਮੇਰੇ ਪ੍ਰਾਣਾਂ ਤੋਂ ਪਿਆਰੇ ਪ੍ਰਭੂ ਜੀ, ਸਾਰੇ ਡਰ ਦੂਰ ਕਰਨ ਵਾਲੇ ਪ੍ਰਭੂ ਜੀ, ਸਾਰੇ ਸੁਖਾਂ ਦੇ ਸਮੁੰਦਰ ਪ੍ਰਭੂ ਜੀ ਹਰੇਕ ਸਰੀਰ ਵਿਚ ਮੌਜੂਦ ਹਨ।
55841	1302	ਮਨਹਿ ਪ੍ਰਗਾਸੁ ਭਇਓ ਭ੍ਰਮੁ ਨਾਸਿਓ ਮੰਤ੍ਰੁ ਦੀਓ ਗੁਰ ਕਾਨ॥੧॥		Manehi Pragaas Bhaeiou Bhram Naasiou Manthra Dheeou Gur Kaan ||1||	My mind was enlightened, and my doubt was dispelled, when the Guru whispered His Mantra into my ears. ||1||	ਜਿਨ੍ਹਾਂ ਦੇ ਅੰਦਰ ਪਰਮਾਤਮਾ ਗੁਰੂ ਦਾ ਸ਼ਬਦ ਪੱਕਾ ਕਰ ਦੇਂਦਾ ਹੈ, ਉਹਨਾਂ ਦੇ ਮਨ ਵਿਚ (ਆਤਮਕ ਜੀਵਨ ਦੀ ਸੂਝ ਦਾ) ਚਾਨਣ ਪੈਦਾ ਹੋ ਜਾਂਦਾ ਹੈ (ਉਹਨਾਂ ਦੇ ਅੰਦਰੋਂ) ਭਟਕਣਾ ਦੂਰ ਹੋ ਜਾਂਦੀ ਹੈ ॥੧॥

55842	1302	ਕਰਤ ਰਹੇ ਕ੍ਰਤਗ੍ਯ ਕਰੁਣਾਮੈ ਅੰਤਰਜਾਮੀ ਗ੍ਯਾਨ॥	ਕੀਤੇ ਕੰਮਾਂ ਦੇ (ਕ੍ਰਤਗ੍ਯ) ਜਾਨਣ ਵਾਲੇ ਅੰਤਰਜਾਮੀ ਜੀ ਦੇ ਗਿਆਨ ਕਰਕੇ।ਕ੍ਰਤਗ੍ਯ: ਕ੍ਰਤੱਗਿਅ ਉਚਾਰੋ। ਕਰੁਣਾ-ਮੈ। ਗ੍ਯਾਨ: ਗਿਆਨ ਉਚਾਰੋ	Karath Rehae Krathagy Karunaa Mai Antharajaamee Giyaan ||	He is All-powerful, the Ocean of Mercy, the All-knowing Searcher of Hearts.	ਪਰਮਾਤਮਾ ਦੇ ਕੀਤੇ ਨੂੰ ਜਾਨਣ ਵਾਲੇ (ਸੰਤ ਜਨ) ਅੰਤਰਜਾਮੀ ਤਰਸ-ਰੂਪ ਪਰਮਾਤਮਾ ਦੇ ਗੁਣਾਂ ਦੀਆਂ ਗੱਲਾਂ ਕਰਦੇ ਰਹਿੰਦੇ ਹਨ।
55843	1302	ਆਠ ਪਹਰ ਨਾਨਕ ਜਸੁ ਗਾਵੈ ਮਾਂਗਨ ਕਉ ਹਰਿ ਦਾਨ॥੨॥੨॥੨੧॥		Aath Pehar Naanak Jas Gaavai Maangan Ko Har Dhaan ||2||2||21||	Twenty-four hours a day Nanak sings His Praises, and begs for the Gift of the Lord. ||2||2||21||	ਨਾਨਕ (ਭੀ) ਪਰਮਾਤਮਾ (ਦੇ ਨਾਮ) ਦਾ ਦਾਨ ਮੰਗਣ ਵਾਸਤੇ ਅੱਠੇ ਪਹਰ ਉਸ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦਾ ਰਹਿੰਦਾ ਹੈ ॥੨॥੨॥੨੧॥
55844	1302	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55845	1302	ਕਹਨ ਕਹਾਵਨ ਕਉ ਕਈ ਕੇਤੈ॥		Kehan Kehaavan Ko Kee Kaethai ||	Many speak and talk about God.	ਜ਼ਬਾਨੀ ਆਖਣ ਅਖਵਾਣ ਵਾਲੇ ਤਾਂ ਅਨੇਕਾਂ ਹੀ ਹਨ,
55846	1302	ਐਸੋ ਜਨੁ ਬਿਰਲੋ ਹੈ ਸੇਵਕੁ ਜੋ ਤਤ ਜੋਗ ਕਉ ਬੇਤੈ॥੧॥ਰਹਾਉ॥		Aiso Jan Biralo Hai Saevak Jo Thath Jog Ko Baethai ||1|| Rehaao ||	But one who understands the essence of Yoga - such a humble servant is very rare||1||Pause||	ਪਰ ਅਜਿਹਾ ਕੋਈ ਵਿਰਲਾ ਸੰਤ-ਜਨ ਹੈ, ਕੋਈ ਵਿਰਲਾ ਸੇਵਕ ਹੈ, ਜਿਹੜਾ ਜਗਤ-ਦੇ-ਮੂਲ ਪਰਮਾਤਮਾ ਦੇ ਮਿਲਾਪ ਨੂੰ ਮਾਣਦਾ ਹੈ ॥੧॥ ਰਹਾਉ ॥

55847	1302	ਦੁਖੁ ਨਾਹੀ ਸਭੁ ਸੁਖੁ ਹੀ ਹੈ ਰੇ ਏਕੈ ਏਕੀ ਨੇਤੈ॥		Dhukh Naahee Sabh Sukh Hee Hai Rae Eaekai Eaekee Naethai ||	He has no pain - he is totally at peace. With his eyes, he sees only the One Lord.	ਹੇ ਭਾਈ! (ਜਿਹੜਾ ਕੋਈ ਵਿਰਲਾ ਸੰਤ-ਜਨ ਪ੍ਰਭੂ-ਮਿਲਾਪ ਮਾਣਦਾ ਹੈ, ਉਸ ਨੂੰ) ਕੋਈ ਦੁੱਖ ਨਹੀਂ ਪੋਹ ਸਕਦਾ, (ਉਸ ਦੇ ਅੰਦਰ ਸਦਾ) ਆਨੰਦ ਹੀ ਆਨੰਦ ਹੈ, ਉਹ ਇਕ ਪਰਮਾਤਮਾ ਨੂੰ ਹੀ (ਹਰ ਥਾਂ) ਅੱਖਾਂ ਨਾਲ ਵੇਖਦਾ ਹੈ।
55848	1302	ਬੁਰਾ ਨਹੀ ਸਭੁ ਭਲਾ ਹੀ ਹੈ ਰੇ ਹਾਰ ਨਹੀ ਸਭ ਜੇਤੈ॥੧॥		Buraa Nehee Sabh Bhalaa Hee Hai Rae Haar Nehee Sabh Jaethai ||1||	No one seems evil to him - all are good. There is no defeat - he is totally victorious. ||1||	ਹੇ ਭਾਈ! ਉਸ ਨੂੰ ਕੋਈ ਮਨੁੱਖ ਬੁਰਾ ਨਹੀਂ ਜਾਪਦਾ, ਹਰੇਕ ਭਲਾ ਹੀ ਦਿੱਸਦਾ ਹੈ, (ਦੁਨੀਆ ਦੇ ਵਿਕਾਰਾਂ ਦੇ ਟਾਕਰੇ ਤੇ ਉਸ ਨੂੰ) ਕਦੇ ਹਾਰ ਨਹੀਂ ਹੁੰਦੀ, ਸਦਾ ਜਿੱਤ ਹੀ ਹੁੰਦੀ ਹੈ ॥੧॥
55849	1302	ਸੋਗੁ ਨਾਹੀ ਸਦਾ ਹਰਖੀ ਹੈ ਰੇ ਛੋਡਿ ਨਾਹੀ ਕਿਛੁ ਲੇਤੈ॥		Sog Naahee Sadhaa Harakhee Hai Rae Shhodd Naahee Kishh Laethai ||	He is never in sorrow - he is always happy; but he gives this up, and does not take anything.	ਹੇ ਭਾਈ! ਜਿਹੜਾ ਕੋਈ ਵਿਰਲਾ ਮਨੁੱਖ ਪ੍ਰਭੂ-ਮਿਲਾਪ ਮਾਣਦਾ ਹੈ, ਉਸ ਨੂੰ ਕਦੇ) ਚਿੰਤਾ ਨਹੀਂ ਵਿਆਪਦੀ, (ਉਸ ਦੇ ਅੰਦਰ ਸਦਾ) ਖ਼ੁਸ਼ੀ ਹੀ ਰਹਿੰਦੀ ਹੈ, (ਇਸ ਆਤਮਕ ਆਨੰਦ ਨੂੰ) ਛੱਡ ਕੇ ਉਹ ਕੁਝ ਹੋਰ ਗ੍ਰਹਣ ਨਹੀਂ ਕਰਦਾ।

55850	1302	ਕਹੁ ਨਾਨਕ ਜਨੁ ਹਰਿ ਹਰਿ ਹਰਿ ਹੈ ਕਤ ਆਵੈ ਕਤ ਰਮਤੈ॥੨॥੩॥੨੨॥		Kahu Naanak Jan Har Har Har Hai Kath Aavai Kath Ramathai ||2||3||22||	Says Nanak, the humble servant of the Lord is himself the Lord, Har, Har; he does not come and go in reincarnation. ||2||3||22||	ਨਾਨਕ ਆਖਦਾ ਹੈ- ਪਰਮਾਤਮਾ ਦਾ ਜਿਹੜਾ ਇਹੋ ਜਿਹਾ ਸੇਵਕ ਬਣਦਾ ਹੈ, ਉਹ ਮੁੜ ਮੁੜ ਜੰਮਣ ਮਰਨ ਦੇ ਗੇੜ ਵਿਚ ਨਹੀਂ ਪੈਂਦਾ ॥੨॥੩॥੨੨॥
55851	1302	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55852	1302	ਹੀਏ ਕੋ ਪ੍ਰੀਤਮੁ ਬਿਸਰਿ ਨ ਜਾਇ॥		Heeeae Ko Preetham Bisar N Jaae ||	I pray that my heart may never forget my Beloved.	ਹੇ ਮੇਰੀ ਮਾਂ! (ਮੈਂ ਤਾਂ ਸਦਾ ਇਹੀ ਅਰਦਾਸ ਕਰਦਾ ਹਾਂ ਕਿ ਮੇਰੇ) ਦਿਲ ਦਾ ਜਾਨੀ ਪ੍ਰਭੂ (ਮੈਨੂੰ ਕਦੇ ਭੀ) ਨਾਹ ਭੁੱਲੇ।
55853	1302	ਤਨ ਮਨ ਗਲਤ ਭਏ ਤਿਹ ਸੰਗੇ ਮੋਹਨੀ ਮੋਹਿ ਰਹੀ ਮੋਰੀ ਮਾਇ॥੧॥ਰਹਾਉ॥	(ਗਲਤ) ਗਲਤਾਨ ਲੀਨ	Than Man Galath Bheae Thih Sangae Mohanee Mohi Rehee Moree Maae ||1|| Rehaao ||	My body and mind are blended with Him, but the Enticer, Maya, is enticing me, O my mother. ||1||Pause||	(ਉਸ ਨੂੰ ਭੁਲਾਇਆਂ) ਮਨ ਨੂੰ ਮੋਹਣ ਵਾਲੀ ਮਾਇਆ ਆਪਣੇ ਮੋਹ ਵਿਚ ਫਸਾਣ ਲੱਗ ਪੈਂਦੀ ਹੈ, ਸਰੀਰ ਅਤੇ ਮਨ (ਦੋਵੇਂ ਹੀ) ਉਸ (ਮੋਹਨੀ) ਦੇ ਨਾਲ ਹੀ ਮਸਤ ਰਹਿੰਦੇ ਹਨ ॥੧॥ ਰਹਾਉ ॥

55854	1302	ਜੈ ਜੈ ਪਹਿ ਕਹਉ ਬ੍ਰਿਥਾ ਹਉ ਅਪੁਨੀ ਤੇਊ ਤੇਊ ਗਹੇ ਰਹੇ ਅਟਕਾਇ॥		Jai Jai Pehi Keho Brithhaa Ho Apunee Thaeoo Thaeoo Gehae Rehae Attakaae ||	Those unto whom I tell my pain and frustration - they themselves are caught and stuck.	ਹੇ ਮਾਂ! ਜਿਨ੍ਹਾਂ ਜਿਨ੍ਹਾਂ ਪਾਸ ਮੈਂ ਆਪਣੀ ਇਹ ਔਖਿਆਈ ਦੱਸਦਾ ਹਾਂ, ਉਹ ਭੀ ਸਾਰੇ (ਇਸ ਮੋਹਨੀ ਦੇ ਪੰਜੇ ਵਿਚ) ਫਸੇ ਪਏ ਹਨ ਅਤੇ (ਜੀਵਨ-ਪੰਧ ਵਿਚ) ਰੁਕੇ ਹੋਏ ਹਨ।
55855	1302	ਅਨਿਕ ਭਾਂਤਿ ਕੀ ਏਕੈ ਜਾਲੀ ਤਾ ਕੀ ਗੰਠਿ ਨਹੀ ਛੋਰਾਇ॥੧॥	ਜਾਲੀ: ਪੋਲਾ ਬੋਲੋ	Anik Bhaanth Kee Eaekai Jaalee Thaa Kee Ganth Nehee Shhoraae ||1||	In all sorts of ways, Maya has cast the net; the knots cannot be loosened. ||1||	(ਇਹ ਮੋਹਨੀ) ਅਨੇਕਾਂ ਹੀ ਰੂਪਾਂ ਦੀ ਇਕੋ ਹੀ ਜਾਲੀ ਹੈ, ਇਸ ਦੀ (ਪਈ ਹੋਈ) ਗੰਢ ਨੂੰ ਕੋਈ ਭੀ ਛੁੜਾ ਨਹੀਂ ਸਕਦਾ ॥੧॥
55856	1302	ਫਿਰਤ ਫਿਰਤ ਨਾਨਕ ਦਾਸੁ ਆਇਓ ਸੰਤਨ ਹੀ ਸਰਨਾਇ॥		Firath Firath Naanak Dhaas Aaeiou Santhan Hee Saranaae ||	Wandering and roaming, slave Nanak has come to the Sanctuary of the Saints.	ਹੇ ਨਾਨਕ! (ਅਨੇਕਾਂ ਜੂਨਾਂ ਵਿਚ) ਭਟਕਦਾ ਭਟਕਦਾ ਜਿਹੜਾ (ਮਨੁੱਖ ਸੰਤ ਜਨਾਂ ਦਾ) ਦਾਸ (ਬਣ ਕੇ) ਸੰਤ ਜਨਾਂ ਦੀ ਸਰਨ ਆਉਂਦਾ ਹੈ,
55857	1302	ਕਾਟੇ ਅਗਿਆਨ ਭਰਮ ਮੋਹ ਮਾਇਆ ਲੀਓ ਕੰਠਿ ਲਗਾਇ॥੨॥੪॥੨੩॥		Kaattae Agiaan Bharam Moh Maaeiaa Leeou Kanth Lagaae ||2||4||23||	The bonds of ignorance, doubt, emotional attachment and the love of Maya have been cut; God hugs me close in His Embrace. ||2||4||23||	(ਉਸ ਦੇ ਅੰਦਰੋਂ) ਆਤਮਕ ਜੀਵਨ ਵਲੋਂ ਬੇ-ਸਮਝੀ, ਭਟਕਣਾ ਅਤੇ ਮਾਇਆ ਦੇ ਮੋਹ (ਦੀਆਂ ਗੰਢਾਂ) ਕੱਟੀਆਂ ਜਾਂਦੀਆਂ ਹਨ, (ਪ੍ਰਭੂ ਜੀ) ਉਸ ਨੂੰ ਆਪਣੇ ਗਲ ਨਾਲ ਲਾ ਲੈਂਦੇ ਹਨ ॥੨॥੪॥੨੩॥

55858	1302	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55859	1302	ਆਨਦ ਰੰਗ ਬਿਨੋਦ ਹਮਾਰੈ॥		Aanadh Rang Binodh Hamaarai ||	My home is filled with ecstasy, pleasure and joy.	(ਗੁਰੂ ਦੇ ਚਰਨਾਂ ਨਾਲ) ਮੇਰੇ ਹਿਰਦੇ ਵਿਚ ਸਦਾ ਆਤਮਕ ਆਨੰਦ ਤੇ ਚਾਉ ਬਣਿਆ ਰਹਿੰਦਾ ਹੈ,
55860	1302	ਨਾਮੋ ਗਾਵਨੁ ਨਾਮੁ ਧਿਆਵਨੁ ਨਾਮੁ ਹਮਾਰੇ ਪ੍ਰਾਨ ਅਧਾਰੈ॥੧॥ਰਹਾਉ॥		Naamo Gaavan Naam Dhhiaavan Naam Hamaarae Praan Adhhaarai ||1|| Rehaao ||	I sing the Naam, and I meditate on the Naam. The Naam is the Support of my breath of life. ||1||Pause||	(ਕਿਉਂਕਿ ਪਰਮਾਤਮਾ ਦਾ) ਨਾਮ ਮੇਰੀ ਜ਼ਿੰਦਗੀ ਦਾ ਸਹਾਰਾ ਬਣ ਗਿਆ ਹੈ, ਹਰਿ-ਨਾਮ ਹੀ (ਮੇਰਾ ਹਰ ਵੇਲੇ ਦਾ) ਗੀਤ ਹੈ, ਹਰਿ-ਨਾਮ ਹੀ ਮੇਰੀ ਸੁਰਤ ਦਾ ਨਿਸ਼ਾਨਾ (ਬਣ ਚੁਕਾ) ਹੈ ॥੧॥ ਰਹਾਉ ॥
55861	1302	ਨਾਮੋ ਗਿਆਨੁ ਨਾਮੁ ਇਸਨਾਨਾ ਹਰਿ ਨਾਮੁ ਹਮਾਰੇ ਕਾਰਜ ਸਵਾਰੈ॥		Naamo Giaan Naam Eisanaanaa Har Naam Hamaarae Kaaraj Savaarai ||	The Naam is spiritual wisdom, the Naam is my purifying bath. The Naam resolves all my affairs.	(ਗੁਰੂ ਦੇ ਚਰਨਾਂ ਦਾ ਸਦਕਾ ਹੁਣ ਪਰਮਾਤਮਾ ਦਾ) ਨਾਮ ਹੀ (ਮੇਰੇ ਵਾਸਤੇ ਸ਼ਾਸਤ੍ਰਾਂ ਦਾ) ਗਿਆਨ ਹੈ, ਨਾਮ (ਮੇਰੇ ਵਾਸਤੇ ਤੀਰਥਾਂ ਦਾ) ਇਸ਼ਨਾਨ ਹੈ ਹਰਿ ਨਾਮ ਮੇਰੇ ਸਾਰੇ ਕੰਮ ਸਿਰੇ ਚਾੜ੍ਹਦਾ ਹੈ।

55862	1302	ਹਰਿ ਨਾਮੋ ਸੋਭਾ ਨਾਮੁ ਬਡਾਈ ਭਉਜਲੁ ਬਿਖਮੁ ਨਾਮੁ ਹਰਿ ਤਾਰੈ॥੧॥		Har Naamo Sobhaa Naam Baddaaee Bhoujal Bikham Naam Har Thaarai ||1||	The Naam, the Name of the Lord, is glorious grandeur; the Naam is glorious greatness. The Name of the Lord carries me across the terrifying world-ocean. ||1||	ਪਰਮਾਤਮਾ ਦਾ ਨਾਮ (ਮੇਰੇ) ਵਾਸਤੇ (ਦੁਨੀਆ ਦੀ) ਸੋਭਾ-ਵਡਿਆਈ ਹੈ। ਪਰਮਾਤਮਾ ਦਾ ਨਾਮ (ਹੀ) ਇਸ ਔਖੇ ਤਰੇ ਜਾਣ ਵਾਲੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾਂਦਾ ਹੈ ॥੧॥
55863	1302	ਅਗਮ ਪਦਾਰਥ ਲਾਲ ਅਮੋਲਾ ਭਇਓ ਪਰਾਪਤਿ ਗੁਰ ਚਰਨਾਰੈ॥		Agam Padhaarathh Laal Amolaa Bhaeiou Paraapath Gur Charanaarai ||	The Unfathomable Treasure, the Priceless Gem - I have received it, through the Guru's Feet.	ਇਹ ਹਰਿ-ਨਾਮ ਇਕ ਐਸਾ ਕੀਮਤੀ ਪਦਾਰਥ ਹੈ ਜਿਸ ਤਕ (ਆਪਣੇ ਉੱਦਮ ਨਾਲ) ਪਹੁੰਚ ਨਹੀਂ ਹੋ ਸਕਦੀ, ਇਕ ਐਸਾ ਲਾਲ ਹੈ ਜੋ ਕਿਸੇ ਮੁੱਲ ਤੋਂ ਨਹੀਂ ਮਿਲਦਾ। ਪਰ ਇਹ ਗੁਰੂ ਦੇ ਚਰਨਾਂ ਵਿਚ ਟਿਕਿਆਂ ਲੱਭ ਪੈਂਦਾ ਹੈ।
55864	1302	ਕਹੁ ਨਾਨਕ ਪ੍ਰਭ ਭਏ ਕ੍ਰਿਪਾਲਾ ਮਗਨ ਭਏ ਹੀਅਰੈ ਦਰਸਾਰੈ॥੨॥੫॥੨੪॥		Kahu Naanak Prabh Bheae Kirapaalaa Magan Bheae Heearai Dharasaarai ||2||5||24||	Says Nanak, God has become Merciful; my heart is intoxicated by the Blessed Vision of His Darshan. ||2||5||24||	ਨਾਨਕ ਆਖਦਾ ਹੈ- (ਗੁਰੂ ਦੇ ਚਰਨਾਂ ਦੀ ਬਰਕਤਿ ਨਾਲ ਜਿਸ ਮਨੁੱਖ ਉੱਤੇ) ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਉਹ ਆਪਣੇ ਹਿਰਦੇ ਵਿਚ ਹੀ ਪ੍ਰਭੂ ਦੇ ਦਰਸਨ ਵਿਚ ਮਸਤ ਰਹਿੰਦਾ ਹੈ ॥੨॥੫॥੨੪॥
55865	1302	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	

55866	1302	ਸਾਜਨ ਮੀਤ ਸੁਆਮੀ ਨੇਰੋ॥		Saajan Meeth Suaamee Naero ||	My Friend, my Best Friend, my Lord and Master, is near.	(ਸਭਨਾਂ ਦਾ) ਸੱਜਣ ਮਿੱਤਰ ਮਾਲਕ ਪ੍ਰਭੂ (ਹਰ ਵੇਲੇ ਤੇਰੇ) ਨੇੜੇ (ਵੱਸ ਰਿਹਾ ਹੈ)।
55867	1302	ਪੇਖਤ ਸੁਨਤ ਸਭਨ ਕੈ ਸੰਗੇ ਥੋਰੈ ਕਾਜ ਬੁਰੋ ਕਹ ਫੇਰੋ॥੧॥ਰਹਾਉ॥		Paekhath Sunath Sabhan Kai Sangae Thhorai Kaaj Buro Keh Faero ||1|| Rehaao ||	He sees and hears everything; He is with everyone. You are here for such short time - why do you do evil? ||1||Pause||	ਉਹ ਸਭ ਜੀਵਾਂ ਦੇ ਨਾਲ ਵੱਸਦਾ ਹੈ (ਸਭਨਾਂ ਦੇ ਕਰਮ) ਵੇਖਦਾ ਹੈ (ਸਭਨਾਂ ਦੀਆਂ) ਸੁਣਦਾ ਹੈ ਥੋੜੀ ਜਿਹੀ ਜ਼ਿੰਦਗੀ ਦੇ ਮਨੋਰਥਾਂ ਦੀ ਖ਼ਾਤਰ ਮੰਦੇ ਕੰਮ ਕਿਉਂ ਕੀਤੇ ਜਾਣ? ॥੧॥ ਰਹਾਉ ॥
55868	1302	ਨਾਮ ਬਿਨਾ ਜੇਤੋ ਲਪਟਾਇਓ ਕਛੂ ਨਹੀ ਨਾਹੀ ਕਛੁ ਤੇਰੋ॥		Naam Binaa Jaetho Lapattaaeiou Kashhoo Nehee Naahee Kashh Thaero ||	Except for the Naam, whatever you are involved with is nothing - nothing is yours.	ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਜਿਤਨੇ ਭੀ ਪਦਾਰਥਾਂ ਨਾਲ ਤੂੰ ਚੰਬੜ ਰਿਹਾ ਹੈਂ ਉਹਨਾਂ ਵਿਚੋਂ ਤੇਰਾ (ਆਖ਼ਰ) ਕੁਝ ਭੀ ਨਹੀਂ ਬਣਨਾ।
55869	1302	ਆਗੈ ਦ੍ਰਿਸਟਿ ਆਵਤ ਸਭ ਪਰਗਟ ਈਹਾ ਮੋਹਿਓ ਭਰਮ ਅੰਧੇਰੋ॥੧॥		Aagai Dhrisatt Aavath Sabh Paragatt Eehaa Mohiou Bharam Andhhaero ||1||	Hereafter, everything is revealed to your gaze; but in this world, all are enticed by the darkness of doubt. ||1||	ਇਥੇ ਤੂੰ ਮਾਇਆ ਦੇ ਮੋਹ ਵਿਚ ਫਸ ਰਿਹਾ ਹੈਂ, ਭਰਮਾਂ ਦੇ ਹਨੇਰੇ ਵਿਚ (ਠੇਢੇ ਖਾ ਰਿਹਾ ਹੈਂ) ਪਰ ਪਰਲੋਕ ਵਿਚ (ਇਥੋਂ ਦਾ ਕੀਤਾ ਹੋਇਆ) ਸਭ ਕੁਝ ਪ੍ਰਤੱਖ ਤੌਰ ਤੇ ਦਿੱਸ ਪੈਂਦਾ ਹੈ ॥੧॥

55870	1302	ਅਟਕਿਓ ਸੁਤ ਬਨਿਤਾ ਸੰਗ ਮਾਇਆ ਦੇਵਨਹਾਰੁ ਦਾਤਾਰੁ ਬਿਸੇਰੋ॥	ਬਨਿ-ਤਾ	Attakiou Suth Banithaa Sang Maaeiaa Dhaevanehaar Dhaathaar Bisaero ||	People are caught in Maya, attached to their children and spouses. They have forgotten the Great and Generous Giver.	ਤੂੰ ਪੁੱਤਰ ਇਸਤ੍ਰੀ ਅਤੇ ਮਾਇਆ ਦੇ ਮੋਹ ਵਿਚ (ਆਤਮਕ ਜੀਵਨ ਦੇ ਪੰਧ ਵਲੋਂ) ਰੁਕਿਆ ਪਿਆ ਹੈਂ, ਸਭ ਕੁਝ ਦੇ ਸਕਣ ਵਾਲੇ ਦਾਤਾਰ ਪ੍ਰਭੂ ਨੂੰ ਭੁਲਾ ਰਿਹਾ ਹੈਂ।
55871	1303	ਕਹੁ ਨਾਨਕ ਏਕੈ ਭਾਰੋਸਉ ਬੰਧਨ ਕਾਟਨਹਾਰੁ ਗੁਰੁ ਮੇਰੋ॥੨॥੬॥੨੫॥		Kahu Naanak Eaekai Bhaaroso Bandhhan Kaattanehaar Gur Maero ||2||6||25||	Says Nanak, I have one article of faith; my Guru is the One who releases me from bondage. ||2||6||25||	ਨਾਨਕ ਆਖਦਾ ਹੈ ਕਿ ਸਿਰਫ਼ ਇੱਕ (ਗੁਰੂ ਪਰਮੇਸਰ ਦਾ) ਭਰੋਸਾ (ਰੱਖ)। ਪਿਆਰਾ ਗੁਰੂ (ਮਾਇਆ ਦੇ ਸਾਰੇ) ਬੰਧਨ ਕੱਟਣ ਦੀ ਸਮਰੱਥਾ ਵਾਲਾ ਹੈ (ਉਸ ਦੀ ਸਰਨ ਪਿਆ ਰਹੁ) ॥੨॥੬॥੨੫॥
55872	1303	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55873	1303	ਬਿਖੈ ਦਲੁ ਸੰਤਨਿ ਤੁਮ੍ਰੈ ਗਾਹਿਓ॥		Bikhai Dhal Santhan Thumharai Gaahiou ||	Your Saints have overwhelmed the wicked army of corruption.	(ਹੇ ਪ੍ਰਭੂ) ਤੇਰੇ ਸੰਤ ਜਨਾਂ ਦੀ (ਸੰਗਤ ਦੀ) ਰਾਹੀਂ ਮੈਂ (ਸਾਰੇ) ਵਿਸ਼ਿਆਂ ਦੀ ਫ਼ੌਜ ਨੂੰ ਵੱਸ ਵਿਚ ਕਰ ਲਿਆ ਹੈ।
55874	1303	ਤੁਮਰੀ ਟੇਕ ਭਰੋਸਾ ਠਾਕੁਰ ਸਰਨਿ ਤੁਮ੍ਹਾਰੀ ਆਹਿਓ॥੧॥ਰਹਾਉ ॥		Thumaree Ttaek Bharosaa Thaakur Saran Thumhaaree Aahiou ||1|| Rehaao ||	They take Your Support and place their faith in You, O my Lord and Master; they seek Your Sanctuary. ||1||Pause||	ਹੇ (ਮੇਰੇ) ਠਾਕੁਰ! ਮੈਨੂੰ ਤੇਰੀ ਟੇਕ ਹੈ, ਮੈਨੂੰ ਤੇਰਾ (ਹੀ) ਭਰੋਸਾ ਹੈ, ਮੈਂ (ਸਦਾ) ਤੇਰੀ ਹੀ ਸਰਨ ਲੋੜਦਾ ਹਾਂ ॥੧॥ ਰਹਾਉ ॥

55875	1303	ਜਨਮ ਜਨਮ ਕੇ ਮਹਾ ਪਰਾਛਤ ਦਰਸਨੁ ਭੇਟਿ ਮਿਟਾਹਿਓ॥		Janam Janam Kae Mehaa Paraashhath Dharasan Bhaett Mittaahiou ||	Gazing upon the Blessed Vision of Your Darshan, the terrible sins of countless lifetimes are erased.	ਹੇ ਮੇਰੇ ਠਾਕੁਰ! (ਜਿਹੜੇ ਭੀ ਵਡਭਾਗੀ ਤੇਰੀ ਸਰਨ ਪੈਂਦੇ ਹਨ, ਉਹ) ਤੇਰਾ ਦਰਸਨ ਕਰ ਕੇ ਜਨਮਾਂ ਜਨਮਾਂਤਰਾਂ ਦੇ ਪਾਪ ਮਿਟਾ ਲੈਂਦੇ ਹਨ,
55876	1303	ਭਇਓ ਪ੍ਰਗਾਸੁ ਅਨਦ ਉਜੀਆਰਾ ਸਹਜਿ ਸਮਾਧਿ ਸਮਾਹਿਓ॥੧॥		Bhaeiou Pragaas Anadh Oujeeaaraa Sehaj Samaadhh Samaahiou ||1||	I am illumined, enlightened and filled with ecstasy. I am intuitively absorbed in Samaadhi. ||1||	(ਉਹਨਾਂ ਦੇ ਅੰਦਰ ਆਤਮਕ ਜੀਵਨ ਦੀ ਸੂਝ ਦਾ) ਚਾਨਣ ਹੋ ਜਾਂਦਾ ਹੈ, ਆਤਮਕ ਆਨੰਦ ਦੀ ਰੌਸ਼ਨੀ ਹੋ ਜਾਂਦੀ ਹੈ, ਉਹ ਸਦਾ ਆਤਮਕ ਅਡੋਲਤਾ ਦੀ ਸਮਾਧੀ ਵਿਚ ਲੀਨ ਰਹਿੰਦੇ ਹਨ ॥੧॥
55877	1303	ਕਉਨੁ ਕਹੈ ਤੁਮ ਤੇ ਕਛੁ ਨਾਹੀ ਤੁਮ ਸਮਰਥ ਅਥਾਹਿਓ॥	ਸਮਰੱਥ	Koun Kehai Thum Thae Kashh Naahee Thum Samarathh Athhaahiou ||	Who says that You cannot do everything? You are Infinitely All-powerful.	ਹੇ ਮੇਰੇ ਠਾਕੁਰ! ਕੌਣ ਆਖਦਾ ਹੈ ਕਿ ਤੈਥੋਂ ਕੁਝ ਭੀ ਹਾਸਲ ਨਹੀਂ ਹੁੰਦਾ? ਤੂੰ ਸਾਰੀਆਂ ਤਾਕਤਾਂ ਦਾ ਮਾਲਕ ਪ੍ਰਭੂ (ਸੁਖਾਂ ਦਾ) ਅਥਾਹ (ਸਮੁੰਦਰ) ਹੈਂ।
55878	1303	ਕ੍ਰਿਪਾਨਿਧਾਨ ਰੰਗ ਰੂਪ ਰਸ ਨਾਮੁ ਨਾਨਕ ਲੈ ਲਾਹਿਓ॥੨॥੭॥੨੬॥		Kirapaa Nidhhaan Rang Roop Ras Naam Naanak Lai Laahiou ||2||7||26||	O Treasure of Mercy, Nanak savors Your Love and Your Blissful Form, earning the Profit of the Naam, the Name of the Lord. ||2||7||26||	ਹੇ ਨਾਨਕ! ਹੇ ਕਿਰਪਾ ਦੇ ਖ਼ਜ਼ਾਨੇ! (ਜਿਹੜਾ ਮਨੁੱਖ ਤੇਰੀ ਸਰਨ ਪੈਂਦਾ ਹੈ, ਉਹ ਤੇਰੇ ਦਰ ਤੋਂ ਤੇਰਾ) ਨਾਮ-ਲਾਭ ਹਾਸਲ ਕਰਦਾ ਹੈ (ਇਹ ਨਾਮ ਹੀ ਉਸ ਦੇ ਵਾਸਤੇ ਦੁਨੀਆ ਦੇ) ਰੰਗ ਰੂਪ ਰਸ ਹਨ ॥੨॥੭॥੨੬॥

55879	1303	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55880	1303	ਬੂਡਤ ਪ੍ਰਾਨੀ ਹਰਿ ਜਪਿ ਧੀਰੈ॥		Booddath Praanee Har Jap Dhheerai ||	The drowning mortal is comforted and consoled, meditating on the Lord.	(ਸੰਸਾਰ-ਸਮੁੰਦਰ ਵਿਚ) ਡੁੱਬ ਰਿਹਾ ਮਨੁੱਖ (ਗੁਰੂ ਦੀ ਰਾਹੀਂ) ਪਰਮਾਤਮਾ ਦਾ ਨਾਮ ਜਪ ਕੇ (ਪਾਰ ਲੰਘ ਸਕਣ ਲਈ) ਹੌਸਲਾ ਪ੍ਰਾਪਤ ਕਰ ਲੈਂਦਾ ਹੈ,
55881	1303	ਬਿਨਸੈ ਮੋਹੁ ਭਰਮੁ ਦੁਖੁ ਪੀਰੈ॥੧॥ਰਹਾਉ॥		Binasai Mohu Bharam Dhukh Peerai ||1|| Rehaao ||	He is rid of emotional attachment, doubt, pain and suffering. ||1||Pause||	(ਉਸ ਦੇ ਅੰਦਰੋਂ) ਮਾਇਆ ਦਾ ਮੋਹ ਮਿਟ ਜਾਂਦਾ ਹੈ, ਭਟਕਣਾ ਦੂਰ ਹੋ ਜਾਂਦੀ ਹੈ, ਦੁੱਖ-ਦਰਦ ਨਾਸ ਹੋ ਜਾਂਦਾ ਹੈ ॥੧॥ ਰਹਾਉ ॥
55882	1303	ਸਿਮਰਉ ਦਿਨੁ ਰੈਨਿ ਗੁਰ ਕੇ ਚਰਨਾ॥		Simaro Dhin Rain Gur Kae Charanaa ||	I meditate in remembrance, day and night, on the Guru's Feet.	ਮੈਂ (ਭੀ) ਦਿਨ ਰਾਤ ਗੁਰੂ ਦੇ ਚਰਨਾਂ ਦਾ ਧਿਆਨ ਧਰਦਾ ਹਾਂ।
55883	1303	ਜਤ ਕਤ ਪੇਖਉ ਤੁਮਰੀ ਸਰਨਾ॥੧॥		Jath Kath Paekho Thumaree Saranaa ||1||	Wherever I look, I see Your Sanctuary. ||1||	ਹੇ ਪ੍ਰਭੂ! ਮੈਂ ਜਿਧਰ ਕਿਧਰ ਵੇਖਦਾ ਹਾਂ (ਗੁਰੂ ਦੀ ਕਿਰਪਾ ਨਾਲ) ਮੈਨੂੰ ਤੇਰਾ ਹੀ ਸਹਾਰਾ ਦਿੱਸ ਰਿਹਾ ਹੈ ॥੧॥
55884	1303	ਸੰਤ ਪ੍ਰਸਾਦਿ ਹਰਿ ਕੇ ਗੁਨ ਗਾਇਆ॥		Santh Prasaadh Har Kae Gun Gaaeiaa ||	By the Grace of the Saints, I sing the Glorious Praises of the Lord.	ਗੁਰੂ ਦੀ ਕਿਰਪਾ ਨਾਲ (ਜਿਹੜਾ ਮਨੁੱਖ) ਪਰਮਾਤਮਾ ਦੇ ਗੁਣ ਗਾਣ ਲੱਗ ਪਿਆ,

55885	1303	ਗੁਰ ਭੇਟਤ ਨਾਨਕ ਸੁਖੁ ਪਾਇਆ॥੨॥੮॥੨੭॥		Gur Bhaettath Naanak Sukh Paaeiaa ||2||8||27||	Meeting with the Guru, Nanak has found peace. ||2||8||27||	ਹੇ ਨਾਨਕ! ਗੁਰੂ ਨੂੰ ਮਿਲਦਿਆਂ ਉਸ ਨੇ ਆਤਮਕ ਆਨੰਦ ਪ੍ਰਾਪਤ ਕਰ ਲਿਆ ॥੨॥੮॥੨੭॥
55886	1303	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55887	1303	ਸਿਮਰਤ ਨਾਮੁ ਮਨਹਿ ਸੁਖੁ ਪਾਈਐ॥		Simarath Naam Manehi Sukh Paaeeai ||	Meditating in remembrance on the Naam, peace of mind is found.	ਪਰਮਾਤਮਾ ਦਾ ਨਾਮ ਸਿਮਰਦਿਆਂ ਮਨ ਵਿਚ ਆਨੰਦ ਪ੍ਰਾਪਤ ਕਰ ਸਕੀਦਾ ਹੈ,
55888	1303	ਸਾਧ ਜਨਾ ਮਿਲਿ ਹਰਿ ਜਸੁ ਗਾਈਐ॥੧॥ਰਹਾਉ ॥		Saadhh Janaa Mil Har Jas Gaaeeai ||1|| Rehaao ||	Meeting the Holy Saint, sing the Praises of the Lord. ||1||Pause||	ਸੰਤ ਜਨਾਂ ਦੀ ਸੰਗਤ ਵਿਚ ਮਿਲ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦੇ ਰਹਿਣਾ ਚਾਹੀਦਾ ਹੈ ॥੧॥ ਰਹਾਉ ॥
55889	1303	ਕਰਿ ਕਿਰਪਾ ਪ੍ਰਭ ਰਿਦੈ ਬਸੇਰੋ॥		Kar Kirapaa Prabh Ridhai Basaero ||	Granting His Grace, God has come to dwell within my heart.	ਹੇ ਪ੍ਰਭੂ! ਮਿਹਰ ਕਰ ਕੇ (ਮੇਰੇ) ਹਿਰਦੇ ਵਿਚ (ਆਪਣਾ) ਟਿਕਾਣਾ ਬਣਾਈ ਰੱਖ।
55890	1303	ਚਰਨ ਸੰਤਨ ਕੈ ਮਾਥਾ ਮੇਰੋ॥੧॥		Charan Santhan Kai Maathhaa Maero ||1||	I touch my forehead to the feet of the Saints. ||1||	ਹੇ ਪ੍ਰਭੂ! ਮੇਰਾ ਮੱਥਾ (ਤੇਰੇ) ਸੰਤ ਜਨਾਂ ਦੇ ਚਰਨਾਂ ਉਤੇ ਟਿਕਿਆ ਰਹੇ ॥੧॥
55891	1303	ਪਾਰਬ੍ਰਹਮ ਕਉ ਸਿਮਰਹੁ ਮਨਾਂ॥		Paarabreham Ko Simarahu Manaan ||	Meditate, O my mind, on the Supreme Lord God.	ਹੇ (ਮੇਰੇ) ਮਨ! ਪਰਮਾਤਮਾ ਦਾ ਨਾਮ ਸਿਮਰਦਾ ਰਹੁ।

55892	1303	ਗੁਰਮੁਖਿ ਨਾਨਕ ਹਰਿ ਜਸੁ ਸੁਨਾਂ॥੨॥੯॥੨੮॥		Guramukh Naanak Har Jas Sunaan ||2||9||28||	As Gurmukh, Nanak listens to the Praises of the Lord. ||2||9||28||	ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਸੁਣਿਆ ਕਰ ॥੨॥੯॥੨੮॥
55893	1303	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55894	1303	ਮੇਰੇ ਮਨ ਪ੍ਰੀਤਿ ਚਰਨ ਪ੍ਰਭ ਪਰਸਨ॥		Maerae Man Preeth Charan Prabh Parasan ||	My mind loves to touch the Feet of God.	ਹੇ ਮੇਰੇ ਮਨ! (ਜਿਨ੍ਹਾਂ ਮਨੁੱਖਾਂ ਦੇ ਅੰਦਰ) ਪ੍ਰਭੂ ਦੇ ਚਰਨ ਛੁਹਣ ਲਈ ਤਾਂਘ ਹੁੰਦੀ ਹੈ,
55895	1303	ਰਸਨਾ ਹਰਿ ਹਰਿ ਭੋਜਨਿ ਤ੍ਰਿਪਤਾਨੀ ਅਖੀਅਨ ਕਉ ਸੰਤੋਖੁ ਪ੍ਰਭ ਦਰਸਨ॥੧॥ਰਹਾਉ॥	ਅੱਖੀਅਨ	Rasanaa Har Har Bhojan Thripathaanee Akheean Ko Santhokh Prabh Dharasan ||1|| Rehaao ||	My tongue is satisfied with the Food of the Lord, Har, Har. My eyes are contented with the Blessed Vision of God. ||1||Pause||	ਉਹਨਾਂ ਦੀ ਜੀਭ ਪਰਮਾਤਮਾ ਦੇ ਨਾਮ ਦੀ (ਆਤਮਕ) ਖ਼ੁਰਾਕ ਨਾਲ ਰੱਜੀ ਰਹਿੰਦੀ ਹੈ, ਉਹਨਾਂ ਦੀਆਂ ਅੱਖਾਂ ਨੂੰ ਪ੍ਰਭੂ ਦੇ ਦੀਦਾਰ ਦੀ ਠੰਢ ਮਿਲੀ ਰਹਿੰਦੀ ਹੈ ॥੧॥ ਰਹਾਉ ॥

55896	1303	ਕਰਨਨਿ ਪੂਰਿ ਰਹਿਓ ਜਸੁ ਪ੍ਰੀਤਮ ਕਲਮਲ ਦੋਖ ਸਗਲ ਮਲ ਹਰਸਨ॥	(ਹਰਸਨ) ਨਾਸ ਹੋਣਗੇ	Karanan Poor Rehiou Jas Preetham Kalamal Dhokh Sagal Mal Harasan ||	My ears are filled with the Praise of my Beloved; all my foul sins and faults are erased.	ਹੇ ਮੇਰੇ ਮਨ! (ਜਿਨ੍ਹਾਂ ਮਨੁੱਖਾਂ ਦੇ ਅੰਦਰ ਪ੍ਰਭੂ ਦੇ ਚਰਨ ਛੁਹਣ ਦੀ ਤਾਂਘ ਹੁੰਦੀ ਹੈ, ਉਹਨਾਂ ਦੇ) ਕੰਨਾਂ ਵਿਚ ਪ੍ਰੀਤਮ ਪ੍ਰਭੂ ਦੀ ਸਿਫ਼ਤ-ਸਾਲਾਹ ਟਿਕੀ ਰਹਿੰਦੀ ਹੈ ਜੋ ਸਾਰੇ ਪਾਪਾਂ ਸਾਰੇ ਐਬਾਂ ਦੀ ਮੈਲ ਦੂਰ ਕਰਨ ਦੇ ਸਮਰੱਥ ਹੈ।
55897	1303	ਪਾਵਨ ਧਾਵਨ ਸੁਆਮੀ ਸੁਖ ਪੰਥਾ ਅੰਗ ਸੰਗ ਕਾਇਆ ਸੰਤ ਸਰਸਨ॥੧॥		Paavan Dhhaavan Suaamee Sukh Panthhaa Ang Sang Kaaeiaa Santh Sarasan ||1||	My feet follow the Path of Peace to my Lord and Master; my body and limbs joyfully blossom forth in the Society of the Saints. ||1||	ਉਹਨਾਂ ਦੇ ਪੈਰਾਂ ਦੀ ਦੌੜ-ਭੱਜ ਮਾਲਕ-ਪ੍ਰਭੂ (ਦੇ ਮਿਲਾਪ) ਦੇ ਸੁਖਦਾਈ ਰਸਤੇ ਉਤੇ ਬਣੀ ਰਹਿੰਦੀ ਹੈ, ਉਹਨਾਂ ਦੇ ਸਰੀਰਕ ਅੰਗ ਸੰਤ ਜਨਾਂ (ਦੇ ਚਰਨਾਂ) ਨਾਲ (ਛੁਹ ਕੇ) ਹੁਲਾਰੇ ਵਿਚ ਟਿਕੇ ਰਹਿੰਦੇ ਹਨ ॥੧॥
55898	1303	ਸਰਨਿ ਗਹੀ ਪੂਰਨ ਅਬਿਨਾਸੀ ਆਨ ਉਪਾਵ ਥਕਿਤ ਨਹੀ ਕਰਸਨ॥		Saran Gehee Pooran Abinaasee Aan Oupaav Thhakith Nehee Karasan ||	I have taken Sanctuary in my Perfect, Eternal, Imperishable Lord. I do not bother trying anything else.	ਹੇ ਮੇਰੇ ਮਨ ਜਿਨ੍ਹਾਂ ਮਨੁੱਖਾਂ ਨੇ ਸਰਬ-ਵਿਆਪਕ ਨਾਸ-ਰਹਿਤ ਪਰਮਾਤਮਾ ਦੀ ਸਰਨ ਫੜ ਲਈ, ਉਹ (ਇਸ ਸਰਨ ਨੂੰ ਛੱਡ ਕੇ ਉਸ ਦੇ ਮਿਲਾਪ ਵਾਸਤੇ) ਹੋਰ ਹੋਰ ਹੀਲੇ ਕਰ ਕੇ ਨਹੀਂ ਥੱਕਦੇ ਫਿਰਦੇ।

55899	1303	ਕਰੁ ਗਹਿ ਲੀਏ ਨਾਨਕ ਜਨ ਅਪਨੇ ਅੰਧ ਘੋਰ ਸਾਗਰ ਨਹੀ ਮਰਸਨ॥੨॥੧੦॥੨੯॥		Kar Gehi Leeeae Naanak Jan Apanae Andhh Ghor Saagar Nehee Marasan ||2||10||29||	Taking them by the hand, O Nanak, God saves His humble servants; they shall not perish in the deep, dark world-ocean. ||2||10||29||	ਹੇ ਨਾਨਕ! ਪ੍ਰਭੂ ਨੇ ਜਿਨ੍ਹਾਂ ਆਪਣੇ ਸੇਵਕਾਂ ਦਾ ਹੱਥ ਫੜ ਲਿਆ ਹੁੰਦਾ ਹੈ, ਉਹ ਸੇਵਕ (ਮਾਇਆ ਦੇ ਮੋਹ ਦੇ) ਘੁੱਪ ਹਨੇਰੇ ਸੰਸਾਰ-ਸਮੁੰਦਰ ਵਿਚ ਆਤਮਕ ਮੌਤ ਨਹੀਂ ਸਹੇੜਦੇ ॥੨॥੧੦॥੨੯॥
55900	1303	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55901	1303	ਕੁਹਕਤ ਕਪਟ ਖਪਟ ਖਲ ਗਰਜਤ ਮਰਜਤ ਮੀਚੁ ਅਨਿਕ ਬਰੀਆ॥੧॥ਰਹਾਉ॥	(ਕੁਹਕਤ) ਕੂਕਦੇ ਹਨ। (ਕਪਟ) ਛਲ। (ਖਪਟ) ਖਪਦੇ। (ਖਲ) ਮੂਰਖ। (ਮਰਜਤ) ਮਾਰਦੀ ਹੈ। (ਮੀਚੁ) ਮੌਤ	Kuhakath Kapatt Khapatt Khal Garajath Marajath Meech Anik Bareeaa ||1|| Rehaao ||	Those fools who bellow with rage and destructive deceit, are crushed and killed innumerable times. ||1||Pause||	(ਜਿਨ੍ਹਾਂ ਮਨੁੱਖਾਂ ਦੇ ਅੰਦਰ ਆਤਮਕ ਜੀਵਨ ਦਾ) ਨਾਸ ਕਰਨ ਵਾਲੇ ਖੋਟ ਭੜਕੇ ਰਹਿੰਦੇ ਹਨ, (ਜਿਨ੍ਹਾਂ ਦੇ ਅੰਦਰ ਕਾਮਾਦਿਕ) ਦੁਸ਼ਟ ਗੱਜਦੇ ਰਹਿੰਦੇ ਹਨ, (ਉਹਨਾਂ ਨੂੰ) ਮੌਤ ਅਨੇਕਾਂ ਵਾਰੀ ਮਾਰਦੀ ਰਹਿੰਦੀ ਹੈ ॥੧॥ ਰਹਾਉ ॥

55902	1303	ਅਹੰ ਮਤ ਅਨ ਰਤ ਕੁਮਿਤ ਹਿਤ ਪ੍ਰੀਤਮ ਪੇਖਤ ਭ੍ਰਮਤ ਲਾਖ ਗਰੀਆ॥੧॥	(ਮੱਤ) ਮਸਤ। (ਅਨ) ਦ੍ਵੈਤ ਚ । (ਰਤ) ਪ੍ਰੀਤੀ।ਕੁ-ਮਿੱਤ, ਹਿਤ: ਪੋਲਾ ਬੋਲੋ	Ahan Math An Rath Kumith Hith Preetham Paekhath Bhramath Laakh Gareeaa ||1||	Intoxicated with egotism and imbued with other tastes, I am in love with my evil enemies. My Beloved watches over me as I wander through thousands of incarnations. ||1||	(ਅਜਿਹੇ ਮਨੁੱਖ) ਹਉਮੈ ਦੇ ਮੱਤੇ ਹੋਏ (ਪ੍ਰਭੂ ਨੂੰ ਭੁਲਾ ਕੇ) ਹੋਰ ਹੋਰ (ਰਸਾਂ) ਵਿਚ ਰੱਤੇ ਰਹਿੰਦੇ ਹਨ, (ਅਜਿਹੇ ਮਨੁੱਖ) ਖੋਟੇ ਮਿੱਤਰਾਂ ਨਾਲ ਪਿਆਰ ਪਾਂਦੇ ਹਨ, ਖੋਟਿਆਂ ਨੂੰ ਆਪਣੇ ਸੱਜਣ ਬਣਾਂਦੇ ਹਨ, (ਅਜਿਹੇ ਮਨੁੱਖ ਕਾਮਾਦਿਕ ਵਿਕਾਰਾਂ ਦੀਆਂ) ਲੱਖਾਂ ਗਲੀਆਂ ਨੂੰ ਝਾਕਦੇ ਭਟਕਦੇ ਫਿਰਦੇ ਹਨ ॥੧॥
55903	1303	ਅਨਿਤ ਬਿਉਹਾਰ ਅਚਾਰ ਬਿਧਿ ਹੀਨਤ ਮਮ ਮਦ ਮਾਤ ਕੋਪ ਜਰੀਆ॥	(ਮਮ) ਮਮਤਾ। (ਮਦ) ਹੰਕਾਰ। (ਮਾਤ) ਮਸਤ, ਕਮਲਾ।ਅ-ਨਿੱਤ	Anith Biouhaar Achaar Bidhh Heenath Mam Madh Maath Kop Jareeaa ||	My dealings are false, and my lifestyle is chaotic. Intoxicated with the wine of emotion, I am burning in the fire of anger.	(ਅਜਿਹੇ ਮਨੁੱਖ) ਨਾਸਵੰਤ ਪਦਾਰਥਾਂ ਦੇ ਕਾਰ-ਵਿਹਾਰ ਵਿਚ ਹੀ ਰੁੱਝੇ ਰਹਿੰਦੇ ਹਨ, ਉਹਨਾਂ ਦਾ ਆਚਰਨ ਚੰਗੀ ਮਰਯਾਦਾ ਤੋਂ ਸੱਖਣਾ ਹੁੰਦਾ ਹੈ, ਉਹ (ਮਾਇਆ ਦੀ) ਮਮਤਾ ਦੇ ਨਸ਼ੇ ਵਿਚ ਮਸਤ ਰਹਿੰਦੇ ਹਨ, ਅਤੇ ਕ੍ਰੋਧ ਦੀ ਅੱਗ ਵਿਚ ਸੜਦੇ ਰਹਿੰਦੇ ਹਨ।
55904	1303	ਕਰੁਣ ਕ੍ਰਿਪਾਲ ਗੋਪਾਲ ਦੀਨ ਬੰਧੁ ਨਾਨਕ ਉਧਰੁ ਸਰਨਿ ਪਰੀਆ॥੨॥੧੧॥੩੦॥	ਗੋ: ਹੋੜੇ ਔਂਕੜ ਵਿਚਾਲੇ ਬੋਲੋ। ਔਗੁਣਾਂ ਤੋਂ (ਉ-ਧਰੁ) ਉਧਾਰਨਾ ਕਰੋ	Karun Kirapaal Guopaal Dheen Bandhh Naanak Oudhhar Saran Pareeaa ||2||11||30||	O Merciful Lord of the World, Embodiment of Compassion, Relative of the meek and the poor, please save Nanak; I seek Your Sanctuary. ||2||11||30||	ਹੇ ਤਰਸ-ਰੂਪ ਪ੍ਰਭੂ! ਹੇ ਦਇਆ ਦੇ ਘਰ ਪ੍ਰਭੂ! ਹੇ ਸ੍ਰਿਸ਼ਟੀ ਦੇ ਪਾਲਕ! ਤੂੰ ਗਰੀਬਾਂ ਦਾ ਪਿਆਰਾ ਹੈਂ, ਮੈਂ ਨਾਨਕ ਤੇਰੀ ਸਰਨ ਆ ਪਿਆ ਹਾਂ, (ਮੈਨੂੰ ਇਹਨਾਂ ਕਾਮਾਦਿਕ ਦੁਸ਼ਟਾਂ ਤੋਂ) ਬਚਾਈ ਰੱਖ ॥੨॥੧੧॥੩੦॥

55905	1303	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55906	1303	ਜੀਅ ਪ੍ਰਾਨ ਮਾਨ ਦਾਤਾ॥		Jeea Praan Maan Dhaathaa ||	The Giver of the soul, the breath of life and honor	ਪਰਮਾਤਮਾ (ਤੈਨੂੰ) ਜਿੰਦ ਦੇਣ ਵਾਲਾ ਹੈ, ਪ੍ਰਾਣ ਦੇਣ ਵਾਲਾ ਹੈ, ਇੱਜ਼ਤ ਦੇਣ ਵਾਲਾ ਹੈ।
55907	1303	ਹਰਿ ਬਿਸਰਤੇ ਹੀ ਹਾਨਿ॥੧॥ਰਹਾਉ॥		Har Bisarathae Hee Haan ||1|| Rehaao ||	- forgetting the Lord, all is lost. ||1||Pause||	(ਅਜਿਹੇ) ਪਰਮਾਤਮਾ ਨੂੰ ਵਿਸਾਰਦਿਆਂ (ਆਤਮਕ ਜੀਵਨ ਵਿਚ) ਘਾਟਾ ਹੀ ਘਾਟਾ ਪੈਂਦਾ ਹੈ ॥੧॥ ਰਹਾਉ ॥
55908	1303	ਗੋਬਿੰਦ ਤਿਆਗਿ ਆਨ ਲਾਗਹਿ ਅੰਮ੍ਰਿਤੋ ਡਾਰਿ ਭੂਮਿ ਪਾਗਹਿ॥		Gobindh Thiaag Aan Laagehi Anmritho Ddaar Bhoom Paagehi ||	You have forsaken the Lord of the Universe, and become attached to another - you are throwing away the Ambrosial Nectar, to take dust.	ਹੇ ਮੂਰਖ! ਪਰਮਾਤਮਾ (ਦੀ ਯਾਦ) ਛੱਡ ਕੇ ਤੂੰ ਹੋਰ ਹੋਰ (ਪਦਾਰਥਾਂ) ਵਿਚ ਲੱਗਾ ਰਹਿੰਦਾ ਹੈਂ, ਤੂੰ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਡੋਲ੍ਹ ਕੇ ਧਰਤੀ ਵਿਚ ਸੁੱਟ ਰਿਹਾ ਹੈਂ,
55909	1303	ਬਿਖੈ ਰਸ ਸਿਉ ਆਸਕਤ ਮੂੜੇ ਕਾਹੇ ਸੁਖ ਮਾਨਿ॥੧॥	(ਆ-ਸਕਤ) (ਆ) ਰਹਿਤ, (ਸਕਤ)ਸ਼ਕਤੀ। (ਆ-ਸਕਤ) ਮੋਹਤ, ਖੱਚਤ	Bikhai Ras Sio Aasakath Moorrae Kaahae Sukh Maan ||1||	What do you expect from corrupt pleasures? You fool! What makes you think that they will bring peace? ||1||	ਵਿਸ਼ੇ-ਵਿਕਾਰਾਂ ਦੇ ਸੁਆਦਾਂ ਨਾਲ ਚੰਬੜਿਆ ਹੋਇਆ ਤੂੰ ਕਿਵੇਂ ਸੁਖ ਹਾਸਲ ਕਰ ਸਕਦਾ ਹੈਂ? ॥੧॥

55910	1304	ਕਾਮਿ ਕ੍ਰੋਧਿ ਲੋਭਿ ਬਿਆਪਿਓ ਜਨਮ ਹੀ ਕੀ ਖਾਨਿ॥		Kaam Krodhh Lobh Biaapiou Janam Hee Kee Khaan ||	Engrossed in unfulfilled sexual desire, unresolved anger and greed, you shall be consigned to reincarnation.	ਹੇ ਮੂਰਖ! ਤੂੰ (ਸਦਾ) ਕਾਮ ਵਿਚ, ਕ੍ਰੋਧ ਵਿਚ, ਲੋਭ ਵਿਚ ਫਸਿਆ ਰਹਿੰਦਾ ਹੈਂ, (ਇਹ ਕਾਮ ਕ੍ਰੋਧ ਲੋਭ ਆਦਿਕ ਤਾਂ) ਜਨਮਾਂ ਦੇ ਗੇੜ ਦਾ ਹੀ ਵਸੀਲਾ ਹਨ।
55911	1304	ਪਤਿਤ ਪਾਵਨ ਸਰਨਿ ਆਇਓ ਉਧਰੁ ਨਾਨਕ ਜਾਨਿ॥੨॥੧੨॥੩੧॥	ਔਗੁਣਾਂ ਤੋਂ (ਉ-ਧਰੁ) ਉਧਾਰਨਾ ਕਰੋ	Pathith Paavan Saran Aaeiou Oudhhar Naanak Jaan ||2||12||31||	But I have entered the Sanctuary of the Purifier of sinners. O Nanak, I know that I shall be saved. ||2||12||31||	ਹੇ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲੇ ਪ੍ਰਭੂ! (ਮੈਂ ਤੇਰੀ) ਸਰਨ ਆਇਆ ਹਾਂ, ਮੈਨੂੰ ਨਾਨਕ ਨੂੰ (ਆਪਣੇ ਦਰ ਤੇ ਡਿਗਾ) ਜਾਣ ਕੇ (ਇਹਨਾਂ ਵਿਕਾਰਾਂ ਤੋਂ ਬਚਾਈ ਰੱਖ) ॥੨॥੧੨॥੩੧॥
55912	1304	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55913	1304	ਅਵਿਲੋਕਉ ਰਾਮ ਕੋ ਮੁਖਾਰਬਿੰਦ॥	ਮੁਖਾਰਬਿੰਦ ਮੁਖ ਕਮਲ	Aviloko Raam Ko Mukhaarabindh ||	I gaze on the Lotus-like Face of the Lord.	(ਹੁਣ ਮੇਰੀ ਇਹੀ ਤਾਂਘ ਰਹਿੰਦੀ ਹੈ ਕਿ) ਮੈਂ ਪ੍ਰਭੂ ਦਾ ਸੋਹਣਾ ਮੁਖੜਾ (ਸਦਾ) ਵੇਖਦਾ ਰਹਾਂ।
55914	1304	ਖੋਜਤ ਖੋਜਤ ਰਤਨੁ ਪਾਇਓ ਬਿਸਰੀ ਸਭ ਚਿੰਦ॥੧॥ਰਹਾਉ॥		Khojath Khojath Rathan Paaeiou Bisaree Sabh Chindh ||1|| Rehaao ||	Searching and seeking, I have found the Jewel. I am totally rid of all anxiety. ||1||Pause||	(ਗੁਰੂ ਦੀ ਰਾਹੀਂ) ਭਾਲ ਕਰਦਿਆਂ ਕਰਦਿਆਂ (ਮੈਂ ਪਰਮਾਤਮਾ ਦਾ ਨਾਮ-) ਰਤਨ ਲੱਭ ਲਿਆ ਹੈ (ਜਿਸ ਦੀ ਬਰਕਤਿ ਨਾਲ ਮੇਰੇ ਅੰਦਰੋਂ) ਸਾਰੀ ਚਿੰਤਾ ਦੂਰ ਹੋ ਗਈ ਹੈ ॥੧॥ ਰਹਾਉ ॥

55915	1304	ਚਰਨਕਮਲ ਰਿਦੈ ਧਾਰਿ॥		Charan Kamal Ridhai Dhhaar ||	Enshrining His Lotus Feet within my heart,	ਪ੍ਰਭੂ ਦੇ ਸੋਹਣੇ ਚਰਨ ਹਿਰਦੇ ਵਿਚ ਵਸਾ ਕੇ-
55916	1304	ਉਤਰਿਆ ਦੁਖੁ ਮੰਦ॥੧॥		Outhariaa Dhukh Mandh ||1||	Pain and wickedness have been dispelled. ||1||	(ਮੇਰੇ ਅੰਦਰੋਂ) ਭੈੜਾ (ਸਾਰਾ) ਦੁੱਖ ਦੂਰ ਹੋ ਗਿਆ ਹੈ ॥੧॥
55917	1304	ਰਾਜ ਧਨੁ ਪਰਵਾਰੁ ਮੇਰੈ ਸਰਬਸੋ ਗੋਬਿੰਦ॥	ਸਰਬਸੋ: ਪੋਲਾ ਬੋਲੋ ਮਿਲਵਾਂ	Raaj Dhhan Paravaar Maerai Sarabaso Gobindh ||	The Lord of all the Universe is my kingdom, wealth and family.	(ਹੁਣ) ਮੇਰੇ ਵਾਸਤੇ ਪਰਮਾਤਮਾ (ਦਾ ਨਾਮ ਹੀ) ਸਭ ਕੁਝ ਹੈ, (ਨਾਮ ਹੀ ਮੇਰੇ ਵਾਸਤੇ) ਰਾਜ (ਹੈ, ਨਾਮ ਹੀ ਮੇਰੇ ਵਾਸਤੇ) ਧਨ (ਹੈ, ਨਾਮ ਹੀ ਮੇਰਾ) ਪਰਵਾਰ ਹੈ।
55918	1304	ਸਾਧਸੰਗਮਿ ਲਾਭੁ ਪਾਇਓ ਨਾਨਕ ਫਿਰਿ ਨ ਮਰੰਦ॥੨॥੧੩॥੩੨॥	(ਸੰਗਮਿ) ਇਕੱਤ੍ਰਤਾ ਚ	Saadhhasangam Laabh Paaeiou Naanak Fir N Marandh ||2||13||32||	In the Saadh Sangat, the Company of the Holy, Nanak has earned the Profit; he shall never die again. ||2||13||32||	ਹੇ ਨਾਨਕ! (ਜਿਨ੍ਹਾਂ ਮਨੁੱਖਾਂ ਨੇ) ਗੁਰੂ ਦੀ ਸੰਗਤ ਵਿਚ (ਟਿਕ ਕੇ ਪਰਮਾਤਮਾ ਦਾ ਨਾਮ ਦਾ) ਲਾਭ ਖੱਟ ਲਿਆ, ਉਹਨਾਂ ਨੂੰ ਮੁੜ ਆਤਮਕ ਮੌਤ ਨਹੀਂ ਆਉਂਦੀ ॥੨॥੧੩॥੩੨॥
55919	1304	ਕਾਨੜਾ ਮਹਲਾ ੫ ਘਰੁ ੫		Kaanarraa Mehalaa 5 Ghar 5	Kaanraa, Fifth Mehl, Fifth House:	ਰਾਗ ਕਾਨੜਾ, ਘਰ ੫ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
55920	1304	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
55921	1304	ਪ੍ਰਭ ਪੂਜਹੋ ਨਾਮੁ ਅਰਾਧਿ॥	ਪੂਜ-ਹੋ	Prabh Poojeho Naam Araadhh ||	Worship God, and adore His Name.	ਹੇ ਭਾਈ! ਪ੍ਰਭੂ ਦਾ ਨਾਮ ਸਿਮਰ ਸਿਮਰ ਕੇ ਪ੍ਰਭੂ ਦੀ ਪੂਜਾ-ਭਗਤੀ ਕਰਿਆ ਕਰੋ,

55922	1304	ਗੁਰ ਸਤਿਗੁਰ ਚਰਨੀ ਲਾਗਿ॥		Gur Sathigur Charanee Laag ||	Grasp the Feet of the Guru, the True Guru.	ਗੁਰੂ ਸਤਿਗੁਰੂ ਦੀ ਚਰਨੀਂ ਲੱਗ ਕੇ (ਪਰਮਾਤਮਾ ਦੀ ਭਗਤੀ ਕਰੋ)।
55923	1304	ਹਰਿ ਪਾਵਹੁ ਮਨੁ ਅਗਾਧਿ॥		Har Paavahu Man Agaadhh ||	The Unfathomable Lord shall come into your mind,	(ਇਸ ਤਰ੍ਹਾਂ ਉਸ) ਅਥਾਹ ਮਨ (ਦੇ ਮਾਲਕ) ਪ੍ਰਭੂ ਦਾ ਮਿਲਾਪ ਹਾਸਲ ਕਰ ਲਵੋਗੇ।
55924	1304	ਜਗੁ ਜੀਤੋ ਹੋ ਹੋ ਗੁਰ ਕਿਰਪਾਧਿ॥੧॥ਰਹਾਉ॥		Jag Jeetho Ho Ho Gur Kirapaadhh ||1|| Rehaao ||	And by Guru's Grace, you shall be victorious in this world. ||1||Pause||	ਹੇ ਭਾਈ! ਗੁਰੂ ਦੀ ਕਿਰਪਾ ਨਾਲ (ਪ੍ਰਭੂ ਦਾ ਸਿਮਰਨ ਕੀਤਿਆਂ) ਜਗਤ (ਦਾ ਮੋਹ) ਜਿੱਤਿਆ ਜਾਂਦਾ ਹੈ ॥੧॥ ਰਹਾਉ ॥
55925	1304	ਅਨਿਕ ਪੂਜਾ ਮੈ ਬਹੁ ਬਿਧਿ ਖੋਜੀ ਸਾ ਪੂਜਾ ਜਿ ਹਰਿ ਭਾਵਾਸਿ॥		Anik Poojaa Mai Bahu Bidhh Khojee Saa Poojaa J Har Bhaavaas ||	I have studied countless ways of worship in all sorts of ways, but that alone is worship, which is pleasing to the Lord's Will.	(ਜਗਤ ਵਿਚ) ਅਨੇਕਾਂ ਪੂਜਾ (ਹੋ ਰਹੀਆਂ ਹਨ) ਮੈਂ (ਇਹਨਾਂ ਦੀ) ਕਈ ਤਰ੍ਹਾਂ ਖੋਜ-ਭਾਲ ਕੀਤੀ ਹੈ, (ਪਰ) ਉਹੀ ਪੂਜਾ (ਸ੍ਰੇਸ਼ਟ) ਹੈ ਜਿਹੜੀ ਪਰਮਾਤਮਾ ਨੂੰ ਚੰਗੀ ਲੱਗਦੀ ਹੈ (ਜਿਸ ਨਾਲ ਪਰਮਾਤਮਾ ਪ੍ਰਸੰਨ ਹੁੰਦਾ ਹੈ)।

55926	1304	ਮਾਟੀ ਕੀ ਇਹ ਪੁਤਰੀ ਜੋਰੀ ਕਿਆ ਏਹ ਕਰਮ ਕਮਾਸਿ॥	ਪੁਤਰੀ: ਪੋਲਾ ਬੋਲੋ	Maattee Kee Eih Putharee Joree Kiaa Eaeh Karam Kamaas ||	This body-puppet is made of clay - what can it do by itself?	(ਪਰ ਅਜਿਹੀ ਪੂਜਾ ਭੀ ਪ੍ਰਭੂ ਆਪ ਹੀ ਕਰਾਂਦਾ ਹੈ)। (ਪਰਮਾਤਮਾ ਨੇ ਮਨੁੱਖ ਦੀ ਇਹ) ਮਿੱਟੀ ਦੀ ਪੁਤਲੀ ਬਣਾ ਦਿੱਤੀ (ਪੁਤਲੀਆਂ ਦਾ ਮਾਲਕ ਪੁਤਲੀਆਂ ਨੂੰ ਆਪ ਹੀ ਨਚਾਂਦਾ ਹੈ), ਇਹ ਜੀਵ-ਪੁਤਲੀ (ਪੁਤਲੀਆਂ ਘੜਨ ਵਾਲੇ ਪ੍ਰਭੂ ਦੀ ਪ੍ਰੇਰਨਾ ਤੋਂ ਬਿਨਾ) ਕੋਈ ਕੰਮ ਨਹੀਂ ਕਰ ਸਕਦੀ।
55927	1304	ਪ੍ਰਭ ਬਾਹ ਪਕਰਿ ਜਿਸੁ ਮਾਰਗਿ ਪਾਵਹੁ ਸੋ ਤੁਧੁ ਜੰਤ ਮਿਲਾਸਿ॥੧॥	ਬਾਂਹ	Prabh Baah Pakar Jis Maarag Paavahu So Thudhh Janth Milaas ||1||	O God, those humble beings meet You, whom You grasp by the arm, and place on the Path. ||1||	ਹੇ ਪ੍ਰਭੂ! ਜਿਸ ਜੀਵ ਨੂੰ (ਉਸ ਦੀ) ਬਾਂਹ ਫੜ ਕੇ ਤੂੰ (ਜੀਵਨ ਦੇ ਸਹੀ) ਰਸਤੇ ਉੱਤੇ ਤੋਰਦਾ ਹੈਂ, ਉਹ ਜੀਵ ਤੈਨੂੰ ਮਿਲ ਪੈਂਦਾ ਹੈ ॥੧॥
55928	1304	ਅਵਰ ਓਟ ਮੈ ਕੋਇ ਨ ਸੂਝੈ ਇਕ ਹਰਿ ਕੀ ਓਟ ਮੈ ਆਸ॥		Avar Outt Mai Koe N Soojhai Eik Har Kee Outt Mai Aas ||	I do not know of any other support; O Lord, You are my only Hope and Support.	(ਪ੍ਰਭੂ ਤੋਂ ਬਿਨਾ) ਮੈਨੂੰ ਕੋਈ ਹੋਰ ਆਸਰਾ ਨਹੀਂ ਸੁੱਝਦਾ, ਮੈਨੂੰ ਸਿਰਫ਼ ਪ੍ਰਭੂ ਦੀ ਓਟ ਹੈ ਪ੍ਰਭੂ ਦੀ (ਸਹਾਇਤਾ ਦੀ) ਆਸ ਹੈ।
55929	1304	ਕਿਆ ਦੀਨੁ ਕਰੇ ਅਰਦਾਸਿ॥		Kiaa Dheen Karae Aradhaas ||	I am meek and poor - what prayer can I offer?	(ਉਸ ਦੀ ਪ੍ਰੇਰਨਾ ਤੋਂ ਬਿਨਾ) ਵਿਚਾਰਾ ਜੀਵ ਕੋਈ ਅਰਦਾਸ ਭੀ ਨਹੀਂ ਕਰ ਸਕਦਾ,
55930	1304	ਜਉ ਸਭ ਘਟਿ ਪ੍ਰਭੂ ਨਿਵਾਸ॥		Jo Sabh Ghatt Prabhoo Nivaas ||	God abides in every heart.	ਕਿਉਂਕਿ ਹਰੇਕ ਸਰੀਰ ਵਿਚ ਪ੍ਰਭੂ ਦਾ ਹੀ ਨਿਵਾਸ ਹੈ ।

55931	1304	ਪ੍ਰਭ ਚਰਨਨ ਕੀ ਮਨਿ ਪਿਆਸ॥		Prabh Charanan Kee Man Piaas ||	My mind is thirsty for the Feet of God.	(ਉਸ ਦੀ ਮਿਹਰ ਨਾਲ ਹੀ ਮੇਰੇ) ਮਨ ਵਿਚ ਪ੍ਰਭੂ ਦੇ ਚਰਨਾਂ (ਦੇ ਮਿਲਾਪ) ਦੀ ਤਾਂਘ ਹੈ।
55932	1304	ਜਨ ਨਾਨਕ ਦਾਸੁ ਕਹੀਅਤੁ ਹੈ ਤੁਮ੍ਰਾ ਹਉ ਬਲਿ ਬਲਿ ਸਦ ਬਲਿ ਜਾਸ॥੨॥੧॥੩੩॥		Jan Naanak Dhaas Keheeath Hai Thumharaa Ho Bal Bal Sadh Bal Jaas ||2||1||33||	Servant Nanak, Your slave, speaks: I am a sacrifice, a sacrifice, forever a sacrifice to You. ||2||1||33||	ਹੇ ਪ੍ਰਭੂ! ਦਾਸ ਨਾਨਕ ਤੇਰਾ ਦਾਸ ਅਖਵਾਂਦਾ ਹੈ (ਇਸ ਦੀ ਲਾਜ ਰੱਖ, ਇਸ ਨੂੰ ਆਪਣੇ ਚਰਨਾਂ ਵਿਚ ਜੋੜੀ ਰੱਖ)। ਹੇ ਪ੍ਰਭੂ ਮੈਂ ਤੈਥੋਂ ਸਦਾ ਸਦਕੇ ਜਾਂਦਾ ਹਾਂ ਕੁਰਬਾਨ ਜਾਂਦਾ ਹਾਂ ॥੨॥੧॥੩੩॥
55933	1304	ਕਾਨੜਾ ਮਹਲਾ ੫ ਘਰੁ ੬		Kaanarraa Mehalaa 5 Ghar 6	Kaanraa, Fifth Mehl, Sixth House:	ਰਾਗ ਕਾਨੜਾ, ਘਰ ੬ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
55934	1304	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
55935	1304	ਜਗਤ ਉਧਾਰਨ ਨਾਮ ਪ੍ਰਿਅ ਤੇਰੈ॥		Jagath Oudhhaaran Naam Pria Thaerai ||	Your Name, O my Beloved, is the Saving Grace of the world.	ਹੇ ਪਿਆਰੇ ਪ੍ਰਭੂ! ਜਗਤ (ਦੇ ਜੀਵਾਂ ਨੂੰ ਵਿਕਾਰਾਂ ਤੋਂ) ਬਚਾਵਣ ਵਾਲਾ ਤੇਰਾ ਨਾਮ ਤੇਰੇ (ਹੀ ਹੱਥ) ਵਿਚ ਹੈ।
55936	1304	ਨਵ ਨਿਧਿ ਨਾਮੁ ਨਿਧਾਨੁ ਹਰਿ ਕੇਰੈ॥		Nav Nidhh Naam Nidhhaan Har Kaerai ||	The Lord's Name is the wealth of the nine treasures.	ਪਰਮਾਤਮਾ ਦਾ ਨਾਮ-ਖ਼ਜ਼ਾਨਾ (ਮਾਨੋ, ਧਰਤੀ ਦੇ) ਨੌ ਹੀ ਖ਼ਜ਼ਾਨੇ ਹੈ।

55937	1304	ਹਰਿ ਰੰਗ ਰੰਗ ਰੰਗ ਅਨੂਪੇਰੈ॥	(ਅਨੂਪੇਰੈ) ਉਪਮਾ ਰਹਿਤ, ਸੁੰਦਰਤਾ ਗੁਣਾਂ ਪਰਉਪਕਾਰਾਂ ਦੀ ਉਪਮਾ ਨਹੀਂ ਹੋ ਸਕਦੀ, ਭਾਵੇਂ ਸਾਰੇ ਬ੍ਰਹਮੰਡ ਜੀਅ ਜੰਤ ਪੂਰਨ ਗੁਰੂ ਸੰਤ, ਹਰ ਸਮੇਂ ਉਪਮਾ ਕਰ ਰਹੇ ਹਨ, ਸਗੋਂ ਹੋਰ ਵਧਦੀ ਵਧਦੀ ਹੀ ਜਾਂਦੀ ਹੈ	Har Rang Rang Rang Anoopaerai ||	One who is imbued with the Love of the Incomparably Beautiful Lord is joyful.	ਹੇ ਮਨ! ਸੋਹਣੇ ਹਰੀ ਦੇ (ਇਸ ਜਗਤ ਵਿਚ) ਅਨੇਕਾਂ ਹੀ ਰੰਗ ਤਮਾਸ਼ੇ ਹਨ,
55938	1304	ਕਾਹੇ ਰੇ ਮਨ ਮੋਹਿ ਮਗਨੇਰੈ॥		Kaahae Rae Man Mohi Maganaerai ||	O mind, why do you cling to emotional attachments?	ਤੂੰ (ਇਹਨਾਂ ਰੰਗਾਂ ਦੇ) ਮੋਹ ਵਿਚ ਕਿਉਂ ਮਸਤ ਹੋ ਰਿਹਾ ਹੈਂ?
55939	1304	ਨੈਨਹੁ ਦੇਖੁ ਸਾਧ ਦਰਸੇਰੈ॥		Nainahu Dhaekh Saadhh Dharasaerai ||	With your eyes, gaze upon the Blessed Vision, the Darshan of the Holy.	(ਆਪਣੀਆਂ) ਅੱਖਾਂ ਨਾਲ ਗੁਰੂ ਦਾ ਦਰਸਨ ਕਰਿਆ ਕਰ।
55940	1304	ਸੋ ਪਾਵੈ ਜਿਸੁ ਲਿਖਤੁ ਲਿਲੇਰੈ॥੧॥ਰਹਾਉ॥		So Paavai Jis Likhath Lilaerai ||1|| Rehaao ||	They alone find it, who have such destiny inscribed upon their foreheads. ||1||Pause||	(ਪਰ ਜੀਵ ਦੇ ਕੀਹ ਵੱਸ? ਗੁਰੂ ਦਾ ਦਰਸਨ) ਉਹ ਮਨੁੱਖ ਪ੍ਰਾਪਤ ਕਰਦਾ ਹੈ ਜਿਸ ਦੇ ਮੱਥੇ ਉਤੇ (ਇਸ ਦਰਸਨ ਦਾ) ਲੇਖ ਲਿਖਿਆ ਹੁੰਦਾ ਹੈ ॥੧॥ ਰਹਾਉ ॥
55941	1304	ਸੇਵਉ ਸਾਧ ਸੰਤ ਚਰਨੇਰੈ॥		Saevo Saadhh Santh Charanaerai ||	I serve at the feet of the Holy Saints.	ਮੈਂ (ਤਾਂ) ਸੰਤ ਜਨਾਂ ਦੇ ਚਰਨਾਂ ਦੀ ਓਟ ਲੈਂਦਾ ਹਾਂ,

55942	1304	ਬਾਂਛਉ ਧੂਰਿ ਪਵਿਤ੍ਰ ਕਰੇਰੈ॥		Baanshho Dhhoor Pavithr Karaerai ||	I long for the dust of their feet, which purifies and sanctifies.	ਮੈਂ (ਸੰਤ ਜਨਾਂ ਦੇ ਚਰਨਾਂ ਦੀ) ਧੂੜ ਮੰਗਦਾ ਹਾਂ (ਇਹ ਚਰਨ-ਧੂੜ ਮਨੁੱਖ ਦਾ ਜੀਵਨ) ਪਵਿੱਤਰ ਕਰਦੀ ਹੈ।
55943	1304	ਅਠਸਠਿ ਮਜਨੁ ਮੈਲੁ ਕਟੇਰੈ॥	ਮੱਜਨੁ	Athasath Majan Mail Kattaerai ||	Just like the sixty-eight sacred shrines of pilgrimage, it washes away filth and pollution.	(ਇਹ ਚਰਨ-ਧੂੜ ਹੀ) ਅਠਾਹਠ ਤੀਰਥਾਂ ਦਾ ਇਸ਼ਨਾਨ ਹੈ (ਸੰਤ ਜਨਾਂ ਦੀ ਚਰਨ-ਧੂੜ ਦਾ ਇਸ਼ਨਾਨ ਜੀਵਾਂ ਦੇ ਮਨ ਦੀ) ਮੈਲ ਦੂਰ ਕਰਦਾ ਹੈ।
55944	1304	ਸਾਸਿ ਸਾਸਿ ਧਿਆਵਹੁ ਮੁਖੁ ਨਹੀ ਮੋਰੈ॥		Saas Saas Dhhiaavahu Mukh Nehee Morai ||	With each and every breath I meditate on Him, and never turn my face away.	(ਆਪਣੇ) ਹਰੇਕ ਸਾਹ ਦੇ ਨਾਲ ਪਰਮਾਤਮਾ ਦਾ ਨਾਮ ਸਿਮਰਿਆ ਕਰ। (ਜਿਹੜਾ ਮਨੁੱਖ ਨਾਮ ਸਿਮਰਦਾ ਹੈ, ਉਸ ਵਲੋਂ ਪਰਮਾਤਮਾ ਆਪਣਾ) ਮੂੰਹ ਨਹੀਂ ਮੋੜਦਾ।
55945	1304	ਕਿਛੁ ਸੰਗਿ ਨ ਚਾਲੈ ਲਾਖ ਕਰੋਰੈ॥		Kishh Sang N Chaalai Laakh Karorai ||	Of your thousands and millions, nothing shall go along with you.	(ਜਮ੍ਹਾਂ ਕੀਤੇ ਹੋਏ) ਲੱਖਾਂ ਕ੍ਰੋੜਾਂ ਰੁਪਿਆਂ ਵਿਚੋਂ ਕੁਝ ਭੀ (ਅਖ਼ੀਰ ਵੇਲੇ ਮਨੁੱਖ ਦੇ) ਨਾਲ ਨਹੀਂ ਜਾਂਦਾ।
55946	1304	ਪ੍ਰਭ ਜੀ ਕੋ ਨਾਮੁ ਅੰਤਿ ਪੁਕਰੋਰੈ॥੧॥	ਅੰਤ ਨੂੰ (ਪੁਕਰੋਰੈ) ਸਹਾਇਤਾ ਪਰਉਪਕਾਰ ਕਰਦੇ ਹਨ। ਪੁਕਰੋਰੈ: ਪੋਲਾ ਬੋਲੋ	Prabh Jee Ko Naam Anth Pukarorai ||1||	Only the Name of God will call to you in the end. ||1||	ਅਖ਼ੀਰ ਵੇਲੇ (ਜਦੋਂ ਹਰੇਕ ਪਦਾਰਥ ਦਾ ਸਾਥ ਮੁੱਕ ਜਾਂਦਾ ਹੈ) ਪਰਮਾਤਮਾ ਦਾ ਨਾਮ ਹੀ ਸਾਥ ਨਿਬਾਹੁੰਦਾ ਹੈ ॥੧॥
55947	1304	ਮਨਸਾ ਮਾਨਿ ਏਕ ਨਿਰੰਕੇਰੈ॥		Manasaa Maan Eaek Nirankaerai ||	Let it be your wish to honor and obey the One Formless Lord.	(ਆਪਣੇ) ਮਨ ਦੇ ਫੁਰਨੇ ਨੂੰ ਸਿਰਫ਼ ਨਿਰੰਕਾਰ (ਦੀ ਯਾਦ) ਵਿਚ ਸ਼ਾਂਤ ਕਰ ਲੈ।

55948	1304	ਸਗਲ ਤਿਆਗਹੁ ਭਾਉ ਦੂਜੇਰੈ॥		Sagal Thiaagahu Bhaao Dhoojaerai ||	Abandon the love of everything else.	(ਪ੍ਰਭੂ ਤੋਂ ਬਿਨਾ) ਹੋਰ ਹੋਰ ਪਦਾਰਥ ਵਿਚ (ਪਾਇਆ ਹੋਇਆ) ਪਿਆਰ ਸਾਰਾ ਹੀ ਛੱਡ ਦੇ।
55949	1304	ਕਵਨ ਕਹਾਂ ਹਉ ਗੁਨ ਪ੍ਰਿਅ ਤੇਰੈ॥		Kavan Kehaan Ho Gun Pria Thaerai ||	What Glorious Praises of Yours can I utter, O my Beloved?	ਹੇ ਪਿਆਰੇ ਪ੍ਰਭੂ! ਤੇਰੇ ਅੰਦਰ (ਅਨੇਕਾਂ ਹੀ) ਗੁਣ (ਹਨ), ਮੈਂ (ਤੇਰੇ) ਕਿਹੜੇ ਕਿਹੜੇ ਗੁਣ ਦੱਸ ਸਕਦਾ ਹਾਂ?
55950	1304	ਬਰਨਿ ਨ ਸਾਕਉ ਏਕ ਟੁਲੇਰੈ॥	ਟੁ-ਲੇਰੈ	Baran N Saako Eaek Ttulaerai ||	I cannot describe even one of Your Virtues.	ਮੈਂ ਤਾਂ ਤੇਰੇ ਇਕ ਉਪਕਾਰ ਨੂੰ ਭੀ ਬਿਆਨ ਨਹੀਂ ਕਰ ਸਕਦਾ।
55951	1304	ਦਰਸਨ ਪਿਆਸ ਬਹੁਤੁ ਮਨਿ ਮੇਰੈ॥		Dharasan Piaas Bahuth Man Maerai ||	My mind is so thirsty for the Blessed Vision of His Darshan.	ਮੇਰੇ ਮਨ ਵਿਚ ਤੇਰੇ ਦਰਸਨ ਦੀ ਬਹੁਤ ਤਾਂਘ ਹੈ,
55952	1304	ਮਿਲੁ ਨਾਨਕ ਦੇਵ ਜਗਤ ਗੁਰ ਕੇਰੈ॥੨॥੧॥੩੪॥		Mil Naanak Dhaev Jagath Gur Kaerai ||2||1||34||	Please come and meet Nanak, O Divine Guru of the World. ||2||1||34||	ਹੇ ਜਗਤ ਦੇ ਗੁਰਦੇਵ! (ਮੈਨੂੰ) ਨਾਨਕ ਨੂੰ ਮਿਲ ॥੨॥੧॥੩੪॥
55953	1305	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55954	1305	ਐਸੀ ਕਉਨ ਬਿਧੇ ਦਰਸਨ ਪਰਸਨਾ॥੧॥ਰਹਾਉ॥		Aisee Koun Bidhhae Dharasan Parasanaa ||1|| Rehaao ||	How may I obtain the Blessed Vision of Your Darshan? ||1||Pause||	(ਮੈਨੂੰ ਦੱਸ) ਇਹੋ ਜਿਹਾ ਕਿਹੜਾ ਤਰੀਕਾ ਹੈ ਜਿਸ ਨਾਲ ਪ੍ਰਭੂ ਦਾ ਦਰਸਨ (ਹੋ ਜਾਏ, ਪ੍ਰਭੂ ਦੇ ਚਰਨਾਂ ਦੀ) ਛੂਹ ਮਿਲ ਜਾਏ? ॥੧॥ ਰਹਾਉ ॥

55955	1305	ਆਸ ਪਿਆਸ ਸਫਲ ਮੂਰਤਿ ਉਮਗਿ ਹੀਉ ਤਰਸਨਾ॥੧॥		Aas Piaas Safal Moorath Oumag Heeo Tharasanaa ||1||	I hope and thirst for Your wish-fulfilling image; my heart yearns and longs for You. ||1||	ਸਭ ਜੀਵਾਂ ਨੂੰ ਮਨ-ਮੰਗੀਆਂ ਮੁਰਾਦਾਂ ਦੇਣ ਵਾਲੇ ਪ੍ਰਭੂ ਦੇ ਦਰਸਨ ਦੀ ਮੇਰੇ ਅੰਦਰ ਤਾਂਘ ਹੈ ਉਡੀਕ ਹੈ। ਉਮੰਗ ਵਿਚ ਮੇਰਾ ਹਿਰਦਾ (ਦਰਸ਼ਨ ਨੂੰ) ਤਰਸ ਰਿਹਾ ਹੈ ॥੧॥
55956	1305	ਦੀਨ ਲੀਨ ਪਿਆਸ ਮੀਨ ਸੰਤਨਾ ਹਰਿ ਸੰਤਨਾ॥		Dheen Leen Piaas Meen Santhanaa Har Santhanaa ||	The meek and humble Saints are like thirsty fish; the Saints of the Lord are absorbed in Him.	(ਉੱਤਰ:) ਜੇ ਨਿਮਾਣੇ ਹੋ ਕੇ ਸੰਤ ਜਨਾਂ ਦੇ ਚਰਨਾਂ ਤੇ ਢਹਿ ਪਈਏ (ਜੇ ਪ੍ਰਭੂ ਦੇ ਦਰਸਨ ਦੀ ਇਤਨੀ ਤਾਂਘ ਹੋਵੇ, ਜਿਵੇਂ) ਮੱਛੀ ਨੂੰ (ਪਾਣੀ ਦੀ) ਪਿਆਸ ਹੁੰਦੀ ਹੈ,
55957	1305	ਹਰਿ ਸੰਤਨਾ ਕੀ ਰੇਨ॥		Har Santhanaa Kee Raen ||	I am the dust of the feet of the Lord's Saints.	ਜੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਦੀ ਖ਼ਾਤਰ-
55958	1305	ਹੀਉ ਅਰਪਿ ਦੇਨ॥		Heeo Arap Dhaen ||	I dedicate my heart to them.	ਆਪਣਾ ਹਿਰਦਾ ਭੇਟ ਕਰ ਦੇਈਏ,
55959	1305	ਪ੍ਰਭ ਭਏ ਹੈ ਕਿਰਪੇਨ॥		Prabh Bheae Hai Kirapaen ||	God has become Merciful to me.	ਤਾਂ, ਪ੍ਰਭੂ ਦਇਆਵਾਨ ਹੁੰਦਾ ਹੈ।
55960	1305	ਮਾਨੁ ਮੋਹੁ ਤਿਆਗਿ ਛੋਡਿਓ ਤਉ ਨਾਨਕ ਹਰਿ ਜੀਉ ਭੇਟਨਾ ॥੨॥੨॥੩੫॥		Maan Mohu Thiaag Shhoddiou Tho Naanak Har Jeeo Bhaettanaa ||2||2||35||	Renouncing pride and leaving behind emotional attachment, O Nanak, one meets with the Dear Lord. ||2||2||35||	ਹੇ ਨਾਨਕ! (ਜਦੋਂ ਕਿਸੇ ਨੇ ਆਪਣੇ ਅੰਦਰੋਂ) ਅਹੰਕਾਰ ਅਤੇ ਮੋਹ ਤਿਆਗ ਦਿੱਤਾ, ਤਦੋਂ (ਉਸ ਨੂੰ) ਪ੍ਰਭੂ ਜੀ ਮਿਲ ਪੈਂਦੇ ਹਨ ॥੨॥੨॥੩੫॥

55961	1305	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55962	1305	ਰੰਗਾ ਰੰਗ ਰੰਗਨ ਕੇ ਰੰਗਾ॥		Rangaa Rang Rangan Kae Rangaa ||	The Playful Lord imbues all with the Color of His Love.	ਪਰਮਾਤਮਾ (ਇਸ ਜਗਤ-ਤਮਾਸ਼ੇ ਵਿਚ) ਅਨੇਕਾਂ ਹੀ ਰੰਗਾਂ ਵਿਚ (ਵੱਸ ਰਿਹਾ ਹੈ)।
55963	1305	ਕੀਟ ਹਸਤ ਪੂਰਨ ਸਭ ਸੰਗਾ॥੧॥ਰਹਾਉ॥		Keett Hasath Pooran Sabh Sangaa ||1|| Rehaao ||	From the ant to the elephant, He is permeating and pervading all. ||1||Pause||	ਕੀੜੀ ਤੋਂ ਲੈ ਕੇ ਹਾਥੀ ਤਕ ਸਭਨਾਂ ਦੇ ਨਾਲ ਵੱਸਦਾ ਹੈ ॥੧॥ ਰਹਾਉ ॥
55964	1305	ਬਰਤ ਨੇਮ ਤੀਰਥ ਸਹਿਤ ਗੰਗਾ॥		Barath Naem Theerathh Sehith Gangaa ||	Some go on fasts, make vows, and take pilgrimages to sacred shrines on the Ganges.	(ਉਸ ਪਰਮਾਤਮਾ ਦਾ ਦਰਸਨ ਕਰਨ ਲਈ) ਕੋਈ ਵਰਤ ਨੇਮ ਰੱਖ ਰਿਹਾ ਹੈ, ਕੋਈ ਗੰਗਾ ਸਮੇਤ ਸਾਰੇ ਤੀਰਥਾਂ ਦਾ ਇਸ਼ਨਾਨ ਕਰਦਾ ਹੈ;
55965	1305	ਜਲੁ ਹੇਵਤ ਭੂਖ ਅਰੁ ਨੰਗਾ॥		Jal Haevath Bhookh Ar Nangaa ||	They stand naked in the water, enduring hunger and poverty.	ਕੋਈ (ਠੰਢੇ) ਪਾਣੀ ਅਤੇ ਬਰਫ਼ (ਦੀ ਠੰਢ ਸਹਾਰ ਰਿਹਾ ਹੈ), ਕੋਈ ਭੁੱਖਾਂ ਕੱਟਦਾ ਹੈ ਕੋਈ ਨੰਗਾ ਰਹਿੰਦਾ ਹੈ;
55966	1305	ਪੂਜਾਚਾਰ ਕਰਤ ਮੇਲੰਗਾ॥		Poojaachaar Karath Maelangaa ||	They sit cross-legged, perform worship services and do good deeds.	ਕੋਈ ਆਸਣ ਜਮਾ ਦੇ ਪੂਜਾ ਆਦਿਕ ਦੇ ਕਰਮ ਕਰਦਾ ਹੈ;

55967	1305	ਚਕ੍ਰ ਕਰਮ ਤਿਲਕ ਖਾਟੰਗਾ॥		Chakr Karam Thilak Khaattangaa ||	They apply religious symbols to their bodies, and ceremonial marks to their limbs.	ਕੋਈ ਆਪਣੇ ਸਰੀਰ ਦੇ ਛੇ ਅੰਗਾਂ ਉਤੇ ਚੱਕਰ ਤਿਲਕ ਆਦਿਕ ਲਾਣ ਦੇ ਕਰਮ ਕਰਦਾ ਹੈ।
55968	1305	ਦਰਸਨੁ ਭੇਟੇ ਬਿਨੁ ਸਤਸੰਗਾ॥੧॥		Dharasan Bhaettae Bin Sathasangaa ||1||	They read through the Shaastras, but they do not join the Sat Sangat, the True Congregation. ||1||	ਪਰ ਸਾਧ ਸੰਗਤ ਦਾ ਦਰਸਨ ਕਰਨ ਤੋਂ ਬਿਨਾ (ਇਹ ਸਾਰੇ ਕਰਮ ਵਿਅਰਥ ਹਨ) ॥੧॥
55969	1305	ਹਠਿ ਨਿਗ੍ਰਹਿ ਅਤਿ ਰਹਤ ਬਿਟੰਗਾ॥	ਕਪਾਲੀ ਅਸਣ ਭਾਵ (ਬਿਟੰਗਾ) ਪੁੱਠੇ ਲਮਕਦੇ। ਹਠਿ: ਪੋਲਾ ਬੋਲੋ। ਨਿ-ਗ੍ਰਹਿ	Hath Nigrehi Ath Rehath Bittangaa ||	They stubbornly practice ritualistic postures, standing on their heads.	(ਅਨੇਕਾਂ ਰੰਗਾਂ ਵਿਚ ਵਿਆਪਕ ਉਸ ਪ੍ਰਭੂ ਦਾ ਦਰਸਨ ਕਰਨ ਲਈ) ਕੋਈ ਮਨੁੱਖ ਹਠ ਨਾਲ ਇੰਦ੍ਰਿਆਂ ਨੂੰ ਰੋਕਣ ਦੇ ਜਤਨ ਨਾਲ ਸਿਰ ਪਰਨੇ ਹੋਇਆ ਹੈ।
55970	1305	ਹਉ ਰੋਗੁ ਬਿਆਪੈ ਚੁਕੈ ਨ ਭੰਗਾ॥		Ho Rog Biaapai Chukai N Bhangaa ||	They are afflicted with the disease of egotism, and their faults are not covered up.	(ਪਰ ਇਸ ਤਰ੍ਹਾਂ ਸਗੋਂ) ਹਉਮੈ ਦਾ ਰੋਗ (ਮਨੁੱਖ ਉਤੇ) ਜ਼ੋਰ ਪਾ ਲੈਂਦਾ ਹੈ,
55971	1305	ਕਾਮ ਕ੍ਰੋਧ ਅਤਿ ਤ੍ਰਿਸਨ ਜਰੰਗਾ॥		Kaam Krodhh Ath Thrisan Jarangaa ||	They burn in the fire of sexual frustration, unresolved anger and compulsive desire.	(ਉਸ ਦੇ ਅੰਦਰੋਂ ਆਤਮਕ ਜੀਵਨ ਦੀ) ਤੋਟ ਮੁੱਕਦੀ ਨਹੀਂ, ਕਾਮ ਕ੍ਰੋਧ ਤ੍ਰਿਸ਼ਨਾ (ਦੀ ਅੱਗ) ਵਿਚ ਸੜਦਾ ਰਹਿੰਦਾ ਹੈ।

55972	1305	ਸੋ ਮੁਕਤੁ ਨਾਨਕ ਜਿਸੁ ਸਤਿਗੁਰੁ ਚੰਗਾ॥੨॥੩॥੩੬॥		So Mukath Naanak Jis Sathigur Changaa ||2||3||36||	He alone is liberated, O Nanak, whose True Guru is Good. ||2||3||36||	ਹੇ ਨਾਨਕ! (ਕਾਮ ਕ੍ਰੋਧ ਤ੍ਰਿਸ਼ਨਾ ਤੋਂ) ਉਹ ਮਨੁੱਖ ਬਚਿਆ ਰਹਿੰਦਾ ਹੈ ਜਿਸ ਨੂੰ ਸੋਹਣਾ ਗੁਰੂ ਮਿਲ ਪੈਂਦਾ ਹੈ ॥੨॥੩॥੩੬॥
55973	1305	ਕਾਨੜਾ ਮਹਲਾ ੫ ਘਰੁ ੭		Kaanarraa Mehalaa 5 Ghar 7	Kaanraa, Fifth Mehl, Seventh House:	ਰਾਗ ਕਾਨੜਾ, ਘਰ ੭ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
55974	1305	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
55975	1305	ਤਿਖ ਬੂਝਿ ਗਈ ਗਈ ਮਿਲਿ ਸਾਧ ਜਨਾ॥	ਤਿਖ ਬੂਝਿ:ਪੋਲੇ ਬੋਲੋ	Thikh Boojh Gee Gee Mil Saadhh Janaa ||	My thirst has been quenched, meeting with the Holy.	ਸੰਤ ਜਨਾਂ ਨੂੰ ਮਿਲ ਕੇ (ਮੇਰੇ ਅੰਦਰੋਂ ਮਾਇਆ ਦੀ) ਤ੍ਰਿਸ਼ਨਾ ਉੱਕੀ ਹੀ ਮੁੱਕ ਗਈ ਹੈ।
55976	1305	ਪੰਚ ਭਾਗੇ ਚੋਰ ਸਹਜੇ ਸੁਖੈਨੋ ਹਰੇ ਗੁਨ ਗਾਵਤੀ ਗਾਵਤੀ ਗਾਵਤੀ ਦਰਸ ਪਿਆਰਿ॥੧॥ਰਹਾਉ ॥	ਭੱਾਗੇ	Panch Bhaagae Chor Sehajae Sukhaino Harae Gun Gaavathee Gaavathee Gaavathee Dharas Piaar ||1|| Rehaao ||	The five thieves have run away, and I am in peace and poise; singing, singing, singing the Glorious Praises of the Lord, I obtain the Blessed Vision of my Beloved. ||1||Pause||	ਪ੍ਰਭੂ ਦੇ ਦਰਸ਼ਨ ਦੀ ਤਾਂਘ ਵਿਚ ਪ੍ਰਭੂ ਦੇ ਗੁਣ ਗਾਂਦਿਆਂ ਗਾਂਦਿਆਂ ਬੜੇ ਹੀ ਸੌਖ ਨਾਲ (ਕਾਮਾਦਿਕ) ਪੰਜੇ ਚੋਰ (ਮੇਰੇ ਅੰਦਰੋਂ) ਭੱਜ ਗਏ ਹਨ ॥੧॥ ਰਹਾਉ ॥

55977	1305	ਜੈਸੀ ਕਰੀ ਪ੍ਰਭ ਮੋ ਸਿਉ ਮੋ ਸਿਉ ਐਸੀ ਹਉ ਕੈਸੇ ਕਰਉ॥		Jaisee Karee Prabh Mo Sio Mo Sio Aisee Ho Kaisae Karo ||	That which God has done for me - how can I do that for Him in return?	ਹੇ ਪ੍ਰਭੂ! ਜਿਹੋ ਜਿਹੀ ਮਿਹਰ ਤੂੰ ਮੇਰੇ ਉੱਤੇ ਕੀਤੀ ਹੈ, (ਉਸ ਦੇ ਵੱਟੇ ਵਿਚ) ਉਹੋ ਜਿਹੀ (ਤੇਰੀ ਸੇਵਾ) ਮੈਂ ਕਿਵੇਂ ਕਰ ਸਕਦਾ ਹਾਂ?
55978	1305	ਹੀਉ ਤੁਮ੍ਹਾਰੇ ਬਲਿ ਬਲੇ ਬਲਿ ਬਲੇ ਬਲਿ ਗਈ॥੧॥		Heeo Thumhaarae Bal Balae Bal Balae Bal Gee ||1||	I make my heart a sacrifice, a sacrifice, a sacrifice, a sacrifice, a sacrifice to You. ||1||	ਹੇ ਪ੍ਰਭੂ! ਮੇਰਾ ਹਿਰਦਾ ਤੈਥੋਂ ਸਦਕੇ ਜਾਂਦਾ ਹੈ, ਕੁਰਬਾਨ ਹੁੰਦਾ ਹੈ ॥੧॥
55979	1305	ਪਹਿਲੇ ਪੈ ਸੰਤ ਪਾਇ ਧਿਆਇ ਧਿਆਇ ਪ੍ਰੀਤਿ ਲਾਇ॥		Pehilae Pai Santh Paae Dhhiaae Dhhiaae Preeth Laae ||	First, I fall at the feet of the Saints; I meditate, meditate, lovingly attuned to You.	ਹੇ ਪ੍ਰਭੂ! ਪਹਿਲਾਂ (ਤੇਰੇ) ਸੰਤ ਜਨਾਂ ਦੀ ਪੈਰੀਂ ਪੈ ਕੇ (ਤੇ, ਤੇਰਾ ਨਾਮ) ਸਿਮਰ ਸਿਮਰ ਸਿਮਰ ਕੇ ਮੈਂ (ਤੇਰੇ ਨਾਲ) ਪ੍ਰੀਤ ਬਣਾਈ ਹੈ।
55980	1305	ਪ੍ਰਭ ਥਾਨੁ ਤੇਰੋ ਕੇਹਰੋ ਜਿਤੁ ਜੰਤਨ ਕਰਿ ਬੀਚਾਰੁ॥	ਸਤਸੰਗਤ ਅਸਥਾਨ (ਕੇਹਰੋ) ਕੈਸਾ ਅਸਚਰਜ ਹੈ, ਜਿੱਥੇ ਜੰਤਨ ਸਮੂਹ ਜੀਵ ਮਿਲ ਕੇਆਪ ਜੀ ਦੀ ਵੀਚਾਰ ਕਰਦੇ ਹਨ	Prabh Thhaan Thaero Kaeharo Jith Janthan Kar Beechaar ||	O God, where is that Place, where You contemplate all Your beings?	ਹੇ ਪ੍ਰਭੂ! ਤੇਰਾ ਉਹ ਥਾਂ ਬੜਾ ਹੀ ਅਸਚਰਜ ਹੋਵੇਗਾ ਜਿੱਥੇ (ਬੈਠ ਕੇ) ਤੂੰ (ਸਾਰੇ) ਜੀਵਾਂ ਦੀ ਸੰਭਾਲ ਕਰਦਾ ਹੈਂ।
55981	1305	ਅਨਿਕ ਦਾਸ ਕੀਰਤਿ ਕਰਹਿ ਤੁਹਾਰੀ॥		Anik Dhaas Keerath Karehi Thuhaaree ||	Countless slaves sing Your Praises.	ਤੇਰੇ ਅਨੇਕਾਂ ਹੀ ਦਾਸ ਤੇਰੀ ਸਿਫ਼ਤ-ਸਾਲਾਹ ਕਰਦੇ ਰਹਿੰਦੇ ਹਨ।

55982	1305	ਸੋਈ ਮਿਲਿਓ ਜੋ ਭਾਵਤੋ ਜਨ ਨਾਨਕ ਠਾਕੁਰ ਰਹਿਓ ਸਮਾਇ॥		Soee Miliou Jo Bhaavatho Jan Naanak Thaakur Rehiou Samaae ||	He alone meets You, who is pleasing to Your Will. Servant Nanak remains absorbed in his Lord and Master.	ਹੇ ਦਾਸ ਨਾਨਕ! ਹੇ ਠਾਕੁਰ! ਤੈਨੂੰ ਉਹੀ (ਦਾਸ) ਮਿਲ ਸਕਿਆ ਹੈ ਜੋ ਤੈਨੂੰ ਪਿਆਰਾ ਲੱਗਾ।
55983	1305	ਏਕ ਤੂਹੀ ਤੂਹੀ ਤੂਹੀ॥੨॥੧॥੩੭॥		Eaek Thoohee Thoohee Thoohee ||2||1||37||	You, You, You alone, Lord. ||2||1||37||	ਹੇ ਠਾਕੁਰ! ਤੂੰ ਹਰ ਥਾਂ ਵਿਆਪਕ ਹੈਂ, ਹਰ ਥਾਂ ਸਿਰਫ਼ ਤੂੰ ਹੀ ਹੈਂ ॥੨॥੧॥੩੭॥
55984	1305	ਕਾਨੜਾ ਮਹਲਾ ੫ ਘਰੁ ੮		Kaanarraa Mehalaa 5 Ghar 8	Kaanraa, Fifth Mehl, Eighth House:	ਰਾਗ ਕਾਨੜਾ, ਘਰ ੮ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
55985	1305	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
55986	1305	ਤਿਆਗੀਐ ਗੁਮਾਨੁ ਮਾਨੁ ਪੇਖਤਾ ਦਇਆਲ ਲਾਲ ਹਾਂ ਹਾਂ ਮਨ ਚਰਨ ਰੇਨ॥੧॥ਰਹਾਉ॥		Thiaageeai Gumaan Maan Paekhathaa Dhaeiaal Laal Haan Haan Man Charan Raen ||1|| Rehaao ||	Give up your pride and your self-conceit; the Loving, Merciful Lord is watching over all. O mind, become the dust of His Feet. ||1||Pause||	(ਆਪਣੇ ਅੰਦਰੋਂ) ਮਾਣ ਅਹੰਕਾਰ ਦੂਰ ਕਰ ਦੇਣਾ ਚਾਹੀਦਾ ਹੈ। ਦਇਆ-ਦਾ-ਘਰ ਸੋਹਣਾ ਪ੍ਰਭੂ (ਸਾਡੇ ਹਰੇਕ ਕੰਮ ਨੂੰ) ਵੇਖ ਰਿਹਾ ਹੈ। ਹੇ ਮਨ! (ਸਭਨਾਂ ਦੇ) ਚਰਨਾਂ ਦੀ ਧੂੜ (ਬਣਿਆ ਰਹੁ) ॥੧॥ ਰਹਾਉ ॥

55987	1305	ਹਰਿ ਸੰਤ ਮੰਤ ਗੁਪਾਲ ਗਿਆਨ ਧਿਆਨ॥੧॥		Har Santh Manth Gupaal Giaan Dhhiaan ||1||	Through the Mantra of the Lord's Saints, experience the spiritual wisdom and meditation of the Lord of the World. ||1||	ਹਰੀ ਗੋਪਾਲ ਦੇ ਸੰਤ ਜਨਾਂ ਦੇ ਉਪਦੇਸ਼ ਦੀ ਡੂੰਘੀ ਵਿਚਾਰ ਵਿਚ ਸੁਰਤ ਜੋੜੀ ਰੱਖ ॥੧॥
55988	1305	ਹਿਰਦੈ ਗੋਬਿੰਦ ਗਾਇ ਚਰਨਕਮਲ ਪ੍ਰੀਤਿ ਲਾਇ ਦੀਨ ਦਇਆਲ ਮੋਹਨਾ॥		Hiradhai Gobindh Gaae Charan Kamal Preeth Laae Dheen Dhaeiaal Mohanaa ||	Within your heart, sing the Praises of the Lord of the Universe, and be lovingly attuned to His Lotus Feet. He is the Fascinating Lord, Merciful to the meek and the humble.	ਗੋਬਿੰਦ ਦੇ ਗੁਣ (ਆਪਣੇ) ਹਿਰਦੇ ਵਿਚ (ਸਦਾ) ਗਾਇਆ ਕਰ, ਦੀਨਾਂ ਉਤੇ ਦਇਆ ਕਰਨ ਵਾਲੇ ਮੋਹਨ ਪ੍ਰਭੂ ਦੇ ਸੋਹਣੇ ਚਰਨਾਂ ਨਾਲ ਪ੍ਰੀਤ ਬਣਾਈ ਰੱਖ।
55989	1305	ਕ੍ਰਿਪਾਲ ਦਇਆ ਮਇਆ ਧਾਰਿ॥		Kirapaal Dhaeiaa Maeiaa Dhhaar ||	O Merciful Lord, please bless me with Your Kindness and Compassion.	ਹੇ ਕਿਰਪਾ ਦੇ ਸੋਮੇ ਪ੍ਰਭੂ! (ਮੇਰੇ ਉਤੇ ਸਦਾ) ਮਿਹਰ ਕਰ,
55990	1305	ਨਾਨਕੁ ਮਾਗੈ ਨਾਮੁ ਦਾਨੁ॥		Naanak Maagai Naam Dhaan ||	Nanak begs for the Gift of the Naam, the Name of the Lord.	(ਤੇਰਾ ਦਾਸ) ਨਾਨਕ (ਤੇਰੇ ਦਰ ਤੋਂ ਤੇਰਾ) ਨਾਮ-ਦਾਨ ਮੰਗਦਾ ਹੈ,
55991	1305	ਤਜਿ ਮੋਹੁ ਭਰਮੁ ਸਗਲ ਅਭਿਮਾਨੁ॥੨॥੧॥੩੮॥		Thaj Mohu Bharam Sagal Abhimaan ||2||1||38||	I have abandoned emotional attachment, doubt and all egotistical pride. ||2||1||38||	(ਆਪਣੇ ਅੰਦਰੋਂ) ਮੋਹ ਭਰਮ ਤੇ ਸਾਰਾ ਮਾਣ ਦੂਰ ਕਰ ਕੇ (ਇਹ ਦਾਤ ਮੰਗਦਾ ਹੈ) ॥੨॥੧॥੩੮॥

55992	1305	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
55993	1305	ਪ੍ਰਭ ਕਹਨ ਮਲਨ ਦਹਨ ਲਹਨ ਗੁਰ ਮਿਲੇ ਆਨ ਨਹੀ ਉਪਾਉ॥੧॥ਰਹਾਉ॥	(ਮਲਨ) ਪਾਪ। (ਦਹਨ) ਸੜ ਜਾਂਦੇ ਹਨ। (ਲਹਨ) ਭੱਾਗਾਂ ਕਰਕੇ	Prabh Kehan Malan Dhehan Lehan Gur Milae Aan Nehee Oupaao ||1|| Rehaao ||	Speaking of God, filth and pollution are burnt away; This comes by meeting with the Guru, and not by any other efforts. ||1||Pause||	ਗੁਰੂ ਨੂੰ ਮਿਲ ਕੇ (ਹੀ, ਵਿਕਾਰਾਂ ਦੀ) ਮੈਲ ਨੂੰ ਸਾੜਨ ਦੀ ਸਮਰੱਥਾ ਵਾਲੀ ਪ੍ਰਭੂ ਦੀ ਸਿਫ਼ਤ-ਸਾਲਾਹ ਪ੍ਰਾਪਤ ਹੁੰਦੀ ਹੈ। ਹੋਰ ਕੋਈ ਹੀਲਾ (ਇਸ ਦੀ ਪ੍ਰਾਪਤੀ ਦਾ) ਨਹੀਂ ਹੈ ॥੧॥ ਰਹਾਉ ॥
55994	1306	ਤਟਨ ਖਟਨ ਜਟਨ ਹੋਮਨ ਨਾਹੀ ਡੰਡਧਾਰ ਸੁਆਉ॥੧॥	ਤਟਨ, ਖਤਨ, ਜਟਨ:ਪੋਲਾ ਬੋਲੋ। (ਤਟਨ) ਤੀਰਥਾਂ ਕਿਨਾਰੇ।(ਖਟਨ) ਛੇ ਕਰਮ ਸੰਧਿਆ ਆਦਿ। (ਡੰਡਧਾਰ) ਡੰਡਾ ਰੱਖਣ ਵਾਲਾ।	Thattan Khattan Jattan Homan Naahee Ddanddadhhaar Suaao ||1||	Making pilgrimages to sacred rivers, observing the six rituals, wearing matted and tangled hair, performing fire sacrifices and carrying ceremonial walking sticks - none of these are of any use. ||1||	ਤੀਰਥਾਂ ਦੇ ਇਸ਼ਨਾਨ, ਬ੍ਰਾਹਮਣਾਂ ਵਾਲੇ ਛੇ ਕਰਮਾਂ ਦਾ ਰੋਜ਼ਾਨਾ ਅੱਭਿਆਸ, ਜਟਾਂ ਧਾਰਨ ਕਰਨੀਆਂ, ਹੋਮ-ਜੱਗ ਕਰਨੇ, ਡੰਡਾ ਧਾਰੀ ਜੋਗੀ ਬਣਨਾ-(ਮੇਰਾ ਇਹਨਾਂ ਕੰਮਾਂ ਨਾਲ ਕੋਈ) ਵਾਸਤਾ ਨਹੀਂ ॥੧॥

55995	1306	ਜਤਨ ਭਾਂਤਨ ਤਪਨ ਭ੍ਰਮਨ ਅਨਿਕ ਕਥਨ ਕਥਤੇ ਨਹੀ ਥਾਹ ਪਾਈ ਠਾਉ॥		Jathan Bhaanthan Thapan Bhraman Anik Kathhan Kathhathae Nehee Thhaah Paaee Thaao ||	All sorts of efforts, austerities, wanderings and various speeches - none of these will lead you to find the Lord's Place.	(ਧੂਣੀਆਂ ਆਦਿਕ ਤਪਾ ਕੇ) ਤਪ ਕਰਨੇ, ਧਰਤੀ ਦਾ ਭ੍ਰਮਣ ਕਰਦੇ ਰਹਿਣਾ-ਇਹੋ ਜਿਹੇ ਅਨੇਕਾਂ ਕਿਸਮਾਂ ਦੇ ਜਤਨ ਕੀਤਿਆਂ, ਅਨੇਕਾਂ ਵਖਿਆਨ ਕੀਤਿਆਂ (ਪਰਮਾਤਮਾ ਦੇ ਗੁਣਾਂ ਦੀ) ਹਾਥ ਨਹੀਂ ਲੱਭਦੀ (ਸੁਖ-ਸ਼ਾਂਤੀ ਦਾ) ਥਾਂ ਨਹੀਂ ਮਿਲਦਾ।
55996	1306	ਸੋਧਿ ਸਗਰ ਸੋਧਨਾ ਸੁਖੁ ਨਾਨਕਾ ਭਜੁ ਨਾਉ॥੨॥੨॥੩੯॥	ਭਜੁ: ਪੋਲਾ ਬੋਲੋ	Sodhh Sagar Sodhhanaa Sukh Naanakaa Bhaj Naao ||2||2||39||	I have considered all considerations, O Nanak, but peace comes only by vibrating and meditating on the Name. ||2||2||39||	ਹੇ ਨਾਨਕ! ਸਾਰੀਆਂ ਵਿਚਾਰਾਂ ਵਿਚਾਰ ਕੇ (ਇਹੀ ਗੱਲ ਲੱਭੀ ਹੈ ਕਿ) ਪਰਮਾਤਮਾ ਦਾ ਨਾਮ ਸਿਮਰਿਆ ਕਰੋ (ਇਸੇ ਵਿਚ ਹੀ) ਆਨੰਦ ਹੈ ॥੨॥੨॥੩੯॥
55997	1306	ਕਾਨੜਾ ਮਹਲਾ ੫ ਘਰੁ ੯		Kaanarraa Mehalaa 5 Ghar 9	Kaanraa, Fifth Mehl, Ninth House:	ਰਾਗ ਕਾਨੜਾ, ਘਰ ੯ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
55998	1306	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

55999	1306	ਪਤਿਤ ਪਾਵਨੁ ਭਗਤਿ ਬਛਲੁ ਭੈ ਹਰਨ ਤਾਰਨ ਤਰਨ॥੧॥ਰਹਾਉ॥		Pathith Paavan Bhagath Bashhal Bhai Haran Thaaran Tharan ||1|| Rehaao ||	The Purifier of sinners, the Lover of His devotees, the Destroyer of fear - He carries us across to the other side. ||1||Pause||	ਹੇ ਪ੍ਰਭੂ! ਤੂੰ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ ਹੈਂ, ਤੂੰ ਭਗਤੀ-ਭਾਵ ਨਾਲ ਪਿਆਰ ਕਰਨ ਵਾਲਾ ਹੈਂ, ਤੂੰ (ਜੀਵਾਂ ਦੇ ਸਾਰੇ) ਡਰ ਦੂਰ ਕਰਨ ਵਾਲਾ ਹੈਂ, ਤੂੰ (ਜੀਵਨ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਲਈ ਜਹਾਜ਼ ਹੈਂ ॥੧॥ ਰਹਾਉ ॥
56000	1306	ਨੈਨ ਤਿਪਤੇ ਦਰਸੁ ਪੇਖਿ ਜਸੁ ਤੋਖਿ ਸੁਨਤ ਕਰਨ॥੧॥		Nain Thipathae Dharas Paekh Jas Thokh Sunath Karan ||1||	My eyes are satisfied, gazing upon the Blessed Vision of His Darshan; my ears are satisfied, hearing His Praise. ||1||	ਹੇ ਪ੍ਰਭੂ! ਤੇਰਾ ਦਰਸਨ ਕਰ ਕੇ (ਮੇਰੀਆਂ) ਅੱਖਾਂ ਰੱਜ ਜਾਂਦੀਆਂ ਹਨ, (ਮੇਰੇ) ਕੰਨ ਤੇਰਾ ਜਸ ਸੁਣ ਕੇ ਠੰਢ ਹਾਸਲ ਕਰਦੇ ਹਨ ॥੧॥
56001	1306	ਪ੍ਰਾਨ ਨਾਥ ਅਨਾਥ ਦਾਤੇ ਦੀਨ ਗੋਬਿਦ ਸਰਨ॥		Praan Naathh Anaathh Dhaathae Dheen Gobidh Saran ||	He is the Master of the praanaa, the breath of life; He is the Giver of Support to the unsupported. I am meek and poor - I seek the Sanctuary of the Lord of the Universe.	ਹੇ (ਜੀਵਾਂ ਦੇ) ਪ੍ਰਾਣਾਂ ਦੇ ਨਾਥ! ਹੇ ਅਨਾਥਾਂ ਦੇ ਦਾਤੇ! ਹੇ ਦੀਨਾਂ ਦੇ ਦਾਤੇ! ਹੇ ਗੋਬਿੰਦ! ਮੈਂ ਤੇਰੀ ਸਰਨ ਆਇਆ ਹਾਂ।

56002	1306	ਆਸ ਪੂਰਨ ਦੁਖ ਬਿਨਾਸਨ ਗਹੀ ਓਟ ਨਾਨਕ ਹਰਿ ਚਰਨ॥੨॥੧॥੪੦॥		Aas Pooran Dhukh Binaasan Gehee Outt Naanak Har Charan ||2||1||40||	He is the Fulfiller of hope, the Destroyer of pain. Nanak grasps the Support of the Feet of the Lord. ||2||1||40||	ਹੇ ਹਰੀ! ਹੇ (ਸਭ ਜੀਵਾਂ ਦੀਆਂ) ਆਸਾਂ ਪੂਰਨ ਕਰਨ ਵਾਲੇ! ਹੇ (ਸਭ ਦੇ) ਦੁੱਖ ਨਾਸ ਕਰਨ ਵਾਲੇ! ਮੈਂ ਨਾਨਕ ਨੇ ਤੇਰੇ ਚਰਨਾਂ ਦੀ ਓਟ ਲਈ ਹੈ ॥੨॥੧॥੪੦॥
56003	1306	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
56004	1306	ਚਰਨ ਸਰਨ ਦਇਆਲ ਠਾਕੁਰ ਆਨ ਨਾਹੀ ਜਾਇ॥		Charan Saran Dhaeiaal Thaakur Aan Naahee Jaae ||	I seek the Sanctuary of the Feet of my Merciful Lord and Master; I do not go anywhere else.	ਹੇ ਦਇਆ-ਦੇ-ਘਰ ਠਾਕੁਰ ਪ੍ਰਭੂ! (ਮੈਂ ਤੇਰੇ) ਚਰਨਾਂ ਦੀ ਸਰਨ (ਆਇਆ ਹਾਂ। ਦੁਨੀਆ ਦੇ ਵਿਕਾਰਾਂ ਤੋਂ ਬਚਣ ਲਈ ਤੈਥੋਂ ਬਿਨਾ) ਹੋਰ ਕੋਈ ਥਾਂ ਨਹੀਂ।
56005	1306	ਪਤਿਤ ਪਾਵਨ ਬਿਰਦੁ ਸੁਆਮੀ ਉਧਰਤੇ ਹਰਿ ਧਿਆਇ॥੧॥ਰਹਾਉ ॥	ਔਗੁਣਾਂ ਤੋਂ ਦੂਜਿਆਂ ਨੂੰ (ਉ-ਧਰਤੇ) ਉਧਾਰਦੇ ਹਨ	Pathith Paavan Biradh Suaamee Oudhharathae Har Dhhiaae ||1|| Rehaao ||	It is the Inherent Nature of our Lord and Master to purify sinners. Those who meditate on the Lord are saved. ||1||Pause||	ਹੇ ਸੁਆਮੀ! ਵਿਕਾਰੀਆਂ ਨੂੰ ਪਵਿੱਤਰ ਕਰਨਾ ਤੇਰਾ ਮੁੱਢ-ਕਦੀਮਾਂ ਦਾ ਸੁਭਾਉ ਹੈ। ਹੇ ਹਰੀ! ਤੇਰਾ ਨਾਮ ਸਿਮਰ ਸਿਮਰ ਕੇ (ਅਨੇਕਾਂ ਜੀਵ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ ॥੧॥ ਰਹਾਉ ॥

56006	1306	ਸੈਸਾਰ ਗਾਰ ਬਿਕਾਰ ਸਾਗਰ ਪਤਿਤ ਮੋਹ ਮਾਨ ਅੰਧ॥		Saisaar Gaar Bikaar Saagar Pathith Moh Maan Andhh ||	The world is a swamp of wickedness and corruption. The blind sinner has fallen into the ocean of emotional attachment and pride,	ਹੇ ਪ੍ਰਭੂ ਪਾਤਿਸ਼ਾਹ! ਜਗਤ ਵਿਕਾਰਾਂ ਦੀ ਜਿੱਲ੍ਹਣ ਹੈ, ਵਿਕਾਰਾਂ ਦਾ ਸਮੁੰਦਰ ਹੈ, ਮਾਇਆ ਦੇ ਮੋਹ ਅਤੇ ਮਾਣ ਨਾਲ ਅੰਨ੍ਹੇ ਹੋਏ ਜੀਵ (ਇਸ ਵਿਚ) ਡਿੱਗੇ ਰਹਿੰਦੇ ਹਨ,
56007	1306	ਬਿਕਲ ਮਾਇਆ ਸੰਗਿ ਧੰਧ॥		Bikal Maaeiaa Sang Dhhandhh ||	Bewildered by the entanglements of Maya.	ਮਾਇਆ ਦੇ ਝੰਬੇਲਿਆਂ ਨਾਲ ਵਿਆਕੁਲ ਹੋਏ ਰਹਿੰਦੇ ਹਨ।
56008	1306	ਕਰੁ ਗਹੇ ਪ੍ਰਭ ਆਪਿ ਕਾਢਹੁ ਰਾਖਿ ਲੇਹੁ ਗੋਬਿੰਦ ਰਾਇ॥੧॥		Kar Gehae Prabh Aap Kaadtahu Raakh Laehu Gobindh Raae ||1||	God Himself has taken me by the hand and lifted me up and out of it; save me, O Sovereign Lord of the Universe. ||1||	ਹੇ ਪ੍ਰਭੂ! (ਇਹਨਾਂ ਦਾ) ਹੱਥ ਫੜ ਕੇ ਤੂੰ ਆਪ (ਇਹਨਾਂ ਨੂੰ ਇਸ ਜਿੱਲ੍ਹਣ ਵਿਚੋਂ) ਕੱਢ, ਤੂੰ ਆਪ (ਇਹਨਾਂ ਦੀ) ਰੱਖਿਆ ਕਰ ॥੧॥
56009	1306	ਅਨਾਥ ਨਾਥ ਸਨਾਥ ਸੰਤਨ ਕੋਟਿ ਪਾਪ ਬਿਨਾਸ॥		Anaathh Naathh Sanaathh Santhan Kott Paap Binaas ||	He is the Master of the masterless, the Supporting Lord of the Saints, the Neutralizer of millions of sins.	ਹੇ ਅਨਾਥਾਂ ਦੇ ਨਾਥ! ਹੇ ਸੰਤਾਂ ਦੇ ਸਹਾਰੇ! ਹੇ (ਜੀਵਾਂ ਦੇ) ਕ੍ਰੋੜਾਂ ਪਾਪ ਨਾਸ ਕਰਨ ਵਾਲੇ!
56010	1306	ਮਨਿ ਦਰਸਨੈ ਕੀ ਪਿਆਸ॥		Man Dharasanai Kee Piaas ||	My mind thirsts for the Blessed Vision of His Darshan.	(ਮੇਰੇ) ਮਨ ਵਿਚ (ਤੇਰੇ) ਦਰਸਨ ਦੀ ਤਾਂਘ ਹੈ।

56011	1306	ਪ੍ਰਭ ਪੂਰਨ ਗੁਨਤਾਸ॥		Prabh Pooran Gunathaas ||	God is the Perfect Treasure of Virtue.	ਹੇ ਪੂਰਨ ਪ੍ਰਭੂ! ਹੇ ਗੁਣਾਂ ਦੇ ਖ਼ਜ਼ਾਨੇ!
56012	1306	ਕ੍ਰਿਪਾਲ ਦਇਆਲ ਗੁਪਾਲ ਨਾਨਕ ਹਰਿ ਰਸਨਾ ਗੁਨ ਗਾਇ॥੨॥੨॥੪੧॥		Kirapaal Dhaeiaal Gupaal Naanak Har Rasanaa Gun Gaae ||2||2||41||	O Nanak, sing and savor the Glorious Praises of the Lord, the Kind and Compassionate Lord of the World. ||2||2||41||	ਹੇ ਕ੍ਰਿਪਾਲ! ਹੇ ਦਇਆਲ! ਹੇ ਗੁਪਾਲ! ਹੇ ਹਰੀ! (ਮਿਹਰ ਕਰ) ਨਾਨਕ ਦੀ ਜੀਭ (ਤੇਰੇ) ਗੁਣ ਗਾਂਦੀ ਰਹੇ ॥੨॥੨॥੪੧॥
56013	1306	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
56014	1306	ਵਾਰਿ ਵਾਰਉ ਅਨਿਕ ਡਾਰਉ॥		Vaar Vaaro Anik Ddaaro ||	Countless times, I am a sacrifice, a sacrifice	ਹੇ ਸਖੀ! ਮੈਂ (ਹੋਰ) ਅਨੇਕਾਂ (ਸੁਖ) ਵਾਰਦੀ ਹਾਂ, ਸਦਕੇ ਰਹਿੰਦੀ ਹਾਂ-
56015	1306	ਸੁਖੁ ਪ੍ਰਿਅ ਸੁਹਾਗ ਪਲਕ ਰਾਤ॥੧॥ਰਹਾਉ॥	(ਪਲਕ) ਛਿਨ ਮਾਤ੍ਰ। ਅਵਸਥਾ ਰੂਪੀ ਰਾਤ	Sukh Pria Suhaag Palak Raath ||1|| Rehaao ||	To that moment of peace, on that night when I was joined with my Beloved. ||1||Pause||	(ਪਤਿਬ੍ਰਤਾ ਇਸਤ੍ਰੀ ਵਾਂਗ) ਮੈਂ ਪਿਆਰੇ ਪ੍ਰਭੂ-ਪਤੀ ਦੇ ਸੁਹਾਗ ਦੀ ਰਾਤ ਦੇ ਸੁਖ ਤੋਂ (ਸਭ ਕੁਝ ਵਾਰਨ ਵਾਸਤੇ ਤਿਆਰ ਹਾਂ) ॥੧॥ ਰਹਾਉ ॥
56016	1306	ਕਨਿਕ ਮੰਦਰ ਪਾਟ ਸੇਜ ਸਖੀ ਮੋਹਿ ਨਾਹਿ ਇਨ ਸਿਉ ਤਾਤ॥੧॥	(ਪਾਟ) ਰਾਜ ਸਿੰਘਾਸਨ। (ਤਾਤ) ਇੱਛਾ	Kanik Mandhar Paatt Saej Sakhee Mohi Naahi Ein Sio Thaath ||1||	Mansions of gold, and beds of silk sheets - O sisters, I have no love for these. ||1||	ਹੇ ਸਹੇਲੀਏ! ਸੋਨੇ ਦੇ ਮਹਲ ਅਤੇ ਰੇਸ਼ਮੀ ਕਪੜਿਆਂ ਦੀ ਸੇਜ- ਇਹਨਾਂ ਨਾਲ ਮੈਨੂੰ ਕੋਈ ਲਗਨ ਨਹੀਂ ਹੈ ॥੧॥

56017	1306	ਮੁਕਤ ਲਾਲ ਅਨਿਕ ਭੋਗ ਬਿਨੁ ਨਾਮ ਨਾਨਕ ਹਾਤ॥		Mukath Laal Anik Bhog Bin Naam Naanak Haath ||	Pearls, jewels and countless pleasures, O Nanak, are useless and destructive without the Naam, the Name of the Lord.	ਹੇ ਨਾਨਕ! ਮੋਤੀ, ਹੀਰੇ (ਮਾਇਕ ਪਦਾਰਥਾਂ ਦੇ) ਅਨੇਕਾਂ ਭੋਗ ਪਰਮਾਤਮਾ ਦੇ ਨਾਮ ਤੋਂ ਬਿਨਾ (ਆਤਮਕ) ਮੌਤ (ਦਾ ਕਾਰਨ) ਹਨ।
56018	1306	ਰੂਖੋ ਭੋਜਨੁ ਭੂਮਿ ਸੈਨ ਸਖੀ ਪ੍ਰਿਅ ਸੰਗਿ ਸੂਖਿ ਬਿਹਾਤ॥੨॥੩॥੪੨॥		Rookho Bhojan Bhoom Sain Sakhee Pria Sang Sookh Bihaath ||2||3||42||	Even with only dry crusts of bread, and a hard floor on which to sleep, my life passes in peace and pleasure with my Beloved, O sisters. ||2||3||42||	(ਇਸ ਵਾਸਤੇ) ਹੇ ਸਹੇਲੀਏ! ਰੁੱਖੀ ਰੋਟੀ (ਖਾਣੀ, ਅਤੇ) ਭੁੰਞੇ ਸੌਣਾ (ਚੰਗਾ ਹੈ ਕਿਉਂਕਿ) ਪਿਆਰੇ, ਪ੍ਰਭੂ ਦੀ ਸੰਗਤ ਵਿਚ ਜ਼ਿੰਦਗੀ ਸੁਖ ਵਿਚ ਬੀਤਦੀ ਹੈ ॥੨॥੩॥੪੨॥
56019	1306	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
56020	1306	ਅਹੰ ਤੋਰੋ ਮੁਖੁ ਜੋਰੋ॥		Ahan Thoro Mukh Joro ||	Give up your ego, and turn your face to God.	ਹੇ ਸਖੀ! (ਸਾਧ ਸੰਗਤ ਵਿਚ) ਮਿਲ ਬੈਠਿਆ ਕਰ (ਸਾਧ ਸੰਗਤ ਦੀ ਬਰਕਤਿ ਨਾਲ ਆਪਣੇ ਅੰਦਰੋਂ) ਹਉਮੈ ਦੂਰ ਕਰ।
56021	1306	ਗੁਰੁ ਗੁਰੁ ਕਰਤ ਮਨੁ ਲੋਰੋ॥		Gur Gur Karath Man Loro ||	Let your yearning mind call out, ""Guru, Guru"".	ਹੇ ਸਹੇਲੀ! ਗੁਰੂ ਨੂੰ ਹਰ ਵੇਲੇ ਆਪਣੇ ਅੰਦਰ ਵਸਾਂਦਿਆਂ (ਆਪਣੇ) ਮਨ ਨੂੰ ਖੋਜਿਆ ਕਰ,
56022	1306	ਪ੍ਰਿਅ ਪ੍ਰੀਤਿ ਪਿਆਰੋ ਮੋਰੋ॥੧॥ਰਹਾਉ॥		Pria Preeth Piaaro Moro ||1|| Rehaao ||	My Beloved is the Lover of Love. ||1||Pause||	(ਇਸ ਤਰ੍ਹਾਂ ਆਪਣੇ ਮਨ ਨੂੰ) ਪਿਆਰੇ ਪ੍ਰਭੂ ਦੀ ਪ੍ਰੀਤ ਵਲ ਪਰਤਾਇਆ ਕਰ ॥੧॥ ਰਹਾਉ ॥

56023	1306	ਗ੍ਰਿਹਿ ਸੇਜ ਸੁਹਾਵੀ ਆਗਨਿ ਚੈਨਾ ਤੋਰੋ ਰੀ ਤੋਰੋ ਪੰਚ ਦੂਤਨ ਸਿਉ ਸੰਗੁ ਤੋਰੋ॥੧॥	(ਗ੍ਰਿਹਿ) ਰਿਦੇ ਰੂਪੀ ਆਂਗਨਿ ਵਿਹੜੇ ਚ	Grihi Saej Suhaavee Aagan Chainaa Thoro Ree Thoro Panch Dhoothan Sio Sang Thoro ||1||	The bed of your household shall be cozy, and your courtyard shall be comfortable; shatter and break the bonds which tie you to the five thieves. ||1||	ਹੇ ਸਹੇਲੀ! (ਸਾਧ ਸੰਗਤ ਵਿਚ ਮਨ ਦੀ ਖੋਜ ਅਤੇ ਪ੍ਰਭੂ ਦੀ ਪ੍ਰੀਤ ਦੀ ਸਹਾਇਤਾ ਨਾਲ ਆਪਣੇ ਅੰਦਰੋਂ) (ਕਾਮਾਦਿਕ) ਪੰਜ ਵੈਰੀਆਂ ਨਾਲੋਂ (ਆਪਣਾ) ਸਾਥ ਤੋੜਨ ਦਾ ਸਦਾ ਜਤਨ ਕਰਿਆ ਕਰ, (ਇਸ ਤਰ੍ਹਾਂ ਤੇਰੇ) ਹਿਰਦੇ-ਘਰ ਵਿਚ (ਪ੍ਰਭੂ-ਮਿਲਾਪ ਦੀ) ਸੋਹਣੀ ਸੇਜ ਬਣ ਜਾਇਗੀ, ਤੇਰੇ (ਹਿਰਦੇ ਦੇ) ਵਿਹੜੇ ਵਿਚ ਸ਼ਾਂਤੀ ਆ ਟਿਕੇਗੀ ॥੧॥
56024	1306	ਆਇ ਨ ਜਾਇ ਬਸੇ ਨਿਜ ਆਸਨਿ ਊਂਧ ਕਮਲ ਬਿਗਸੋਰੋ॥		Aae N Jaae Basae Nij Aasan Oonadhh Kamal Bigasoro ||	You shall not come and go in reincarnation; you shall dwell in your own home deep within, and your inverted heart-lotus shall blossom forth.	ਹੇ ਸਖੀ! ਉਹ ਜੀਵ-ਇਸਤ੍ਰੀ ਸਦਾ ਆਪਣੇ ਆਸਣ ਉਤੇ ਬੈਠੀ ਰਹਿੰਦੀ ਹੈ (ਅਡੋਲ-ਚਿੱਤ ਰਹਿੰਦੀ ਹੈ), ਉਸ ਦੀ ਭਟਕਣਾ ਮੁੱਕ ਜਾਂਦੀ ਹੈ, ਉਸ ਦਾ (ਪ੍ਰਭੂ ਵਲੋਂ) ਉਲਟਿਆ ਹੋਇਆ ਹਿਰਦਾ-ਕੌਲ-ਫੁੱਲ ਖਿੜ ਪੈਂਦਾ ਹੈ,
56025	1306	ਛੁਟਕੀ ਹਉਮੈ ਸੋਰੋ॥		Shhuttakee Houmai Soro ||	The turmoil of egotism shall be silenced.	(ਉਸ ਦੇ ਅੰਦਰੋਂ) ਹਉਮੈ ਦਾ ਰੌਲਾ ਮੁੱਕ ਗਿਆ,

56026	1306	ਗਾਇਓ ਰੀ ਗਾਇਓ ਪ੍ਰਭ ਨਾਨਕ ਗੁਨੀ ਗਹੇਰੋ॥੨॥੪॥੪੩॥		Gaaeiou Ree Gaaeiou Prabh Naanak Gunee Gehaero ||2||4||43||	Nanak sings - he sings the Praises of God, the Ocean of Virtue. ||2||4||43||	ਹੇ ਨਾਨਕ! ਜਿਸ ਜੀਵ-ਇਸਤ੍ਰੀ ਨੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਗੀਤ ਗਾਣੇ ਸ਼ੁਰੂ ਕਰ ਦਿੱਤੇ ॥੨॥੪॥੪੩॥
56027	1306	ਕਾਨੜਾ ਮਃ ੫ ਘਰੁ ੯॥	ਨਾਵਾਂ	Kaanarraa Ma 5 Ghar 9 ||	Kaanraa, Fifth Mehl, Ninth House:	
56028	1306	ਤਾਂ ਤੇ ਜਾਪਿ ਮਨਾ ਹਰਿ ਜਾਪਿ॥		Thaan Thae Jaap Manaa Har Jaap ||	This is why you should chant and meditate on the Lord, O mind.	ਹੇ (ਮੇਰੇ) ਮਨ! (ਜੇ ਹਉਮੈ ਦੇ ਤਾਪ ਤੋਂ ਬਚਣਾ ਹੈ) ਤਾਂ ਪਰਮਾਤਮਾ ਦਾ ਨਾਮ ਜਪਿਆ ਕਰ, ਸਦਾ ਜਪਿਆ ਕਰ,
56029	1306	ਜੋ ਸੰਤ ਬੇਦ ਕਹਤ ਪੰਥੁ ਗਾਖਰੋ ਮੋਹ ਮਗਨ ਅਹੰ ਤਾਪ॥ਰਹਾਉ॥		Jo Santh Baedh Kehath Panthh Gaakharo Moh Magan Ahan Thaap || Rehaao ||	The Vedas and the Saints say that the path is treacherous and difficult. You are intoxicated with emotional attachment and the fever of egotism. ||Pause||	ਇਹੀ ਉਪਦੇਸ਼ ਗੁਰੂ ਦੇ ਬਚਨ ਕਰਦੇ ਹਨ। (ਨਾਮ ਜਪਣ ਤੋਂ ਬਿਨਾ ਜ਼ਿੰਦਗੀ ਦਾ) ਰਸਤਾ ਬਹੁਤ ਔਖਾ ਹੈ (ਇਸ ਤੋਂ ਬਿਨਾ) ਮੋਹ ਵਿਚ ਡੁੱਬੇ ਰਹੀਦਾ ਹੈ, ਹਉਮੈ ਦਾ ਤਾਪ ਚੜ੍ਹਿਆ ਰਹਿੰਦਾ ਹੈ ॥ ਰਹਾਉ॥

56030	1306	ਜੋ ਰਾਤੇ ਮਾਤੇ ਸੰਗਿ ਬਪੁਰੀ ਮਾਇਆ ਮੋਹ ਸੰਤਾਪ॥੧॥	ਰੱਾਤੇ ਮੱਾਤੇ	Jo Raathae Maathae Sang Bapuree Maaeiaa Moh Santhaap ||1||	Those who are imbued and intoxicated with the wretched Maya, suffer the pains of emotional attachment. ||1||	ਹੇ ਮਨ! ਜਿਹੜੇ ਮਨੁੱਖ ਭੈੜੀ ਮਾਇਆ ਨਾਲ ਰੱਤੇ ਮੱਤੇ ਰਹਿੰਦੇ ਹਨ, ਉਹਨਾਂ ਨੂੰ (ਮਾਇਆ ਦੇ) ਮੋਹ ਦੇ ਕਾਰਨ (ਅਨੇਕਾਂ) ਦੁੱਖ-ਕਲੇਸ਼ ਵਿਆਪਦੇ ਹਨ ॥੧॥
56031	1306	ਨਾਮੁ ਜਪਤ ਸੋਊ ਜਨੁ ਉਧਰੈ ਜਿਸਹਿ ਉਧਾਰਹੁ ਆਪ॥	ਔਗੁਣਾਂ ਤੋਂ (ਉ-ਧਾਰਹੁ) ਉਧਾਰਦੇ ਹੋਂ	Naam Japath Sooo Jan Oudhharai Jisehi Oudhhaarahu Aap ||	That humble being is saved, who chants the Naam; You Yourself save him.	ਹੇ ਪ੍ਰਭੂ! ਜਿਸ (ਮਨੁੱਖ) ਨੂੰ ਤੂੰ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਂਦਾ ਹੈਂ, ਉਹ ਮਨੁੱਖ (ਤੇਰਾ) ਨਾਮ ਜਪਦਿਆਂ ਪਾਰ ਲੰਘਦਾ ਹੈ।
56032	1306	ਬਿਨਸਿ ਜਾਇ ਮੋਹ ਭੈ ਭਰਮਾ ਨਾਨਕ ਸੰਤ ਪ੍ਰਤਾਪ॥੨॥੫॥੪੪॥		Binas Jaae Moh Bhai Bharamaa Naanak Santh Prathaap ||2||5||44||	Emotional attachment, fear and doubt are dispelled, O Nanak, by the Grace of the Saints. ||2||5||44||	ਹੇ ਨਾਨਕ! ਗੁਰੂ ਦੇ ਪਰਤਾਪ ਨਾਲ (ਮਨੁੱਖ ਦੇ ਅੰਦਰੋਂ ਮਾਇਆ ਦਾ) ਮੋਹ ਦੂਰ ਹੋ ਜਾਂਦਾ ਹੈ, ਸਾਰੇ ਡਰ ਮਿਟ ਜਾਂਦੇ ਹਨ, ਭਟਕਣਾ ਮੁੱਕ ਜਾਂਦੀ ਹੈ ॥੨॥੫॥੪੪॥
56033	1307	ਕਾਨੜਾ ਮਹਲਾ ੫ ਘਰੁ ੧੦		Kaanarraa Mehalaa 5 Ghar 10	Kaanraa, Fifth Mehl, Tenth House:	ਰਾਗ ਕਾਨੜਾ, ਘਰ ੧੦ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
56034	1307	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

56035	1307	ਐਸੋ ਦਾਨੁ ਦੇਹੁ ਜੀ ਸੰਤਹੁ ਜਾਤ ਜੀਉ ਬਲਿਹਾਰਿ॥		Aiso Dhaan Dhaehu Jee Santhahu Jaath Jeeo Balihaar ||	Give me that blessing, O Dear Saints, for which my soul would be a sacrifice.	ਹੇ ਸੰਤ ਜਨੋ! ਮੈਨੂੰ ਇਹੋ ਜਿਹਾ ਦਾਨ ਦੇਹੋ (ਜੋ ਕਾਮਾਦਿਕ ਪੰਜ ਵੈਰੀਆਂ ਤੋਂ ਬਚਾ ਰੱਖੇ, ਮੇਰੀ) ਜਿੰਦ (ਨਾਮ ਦੀ ਦਾਤ ਤੋਂ) ਸਦਕੇ ਜਾਂਦੀ ਹੈ।
56036	1307	ਮਾਨ ਮੋਹੀ ਪੰਚ ਦੋਹੀ ਉਰਝਿ ਨਿਕਟਿ ਬਸਿਓ ਤਾਕੀ ਸਰਨਿ ਸਾਧੂਆ ਦੂਤ ਸੰਗੁ ਨਿਵਾਰਿ॥੧॥ਰਹਾਉ ॥	ਤੱਾਕੀ ਤੱਕੀ	Maan Mohee Panch Dhohee Ourajh Nikatt Basiou Thaakee Saran Saadhhooaa Dhooth Sang Nivaar ||1|| Rehaao ||	Enticed by pride, entrapped and plundered by the five thieves, still, you live near them. I have come to the Sanctuary of the Holy, and I have been rescued from my association with those demons. ||1||Pause||	(ਇਹ ਜਿੰਦ) ਅਹੰਕਾਰ ਵਿਚ ਮਸਤ ਰਹਿੰਦੀ ਹੈ, (ਕਾਮਾਦਿਕ) ਪੰਜ (ਚੋਰਾਂ ਦੇ ਹੱਥੋਂ) ਠੱਗੀ ਜਾਂਦੀ ਹੈ, (ਉਹਨਾਂ ਕਾਮਾਦਿਕਾਂ ਵਿਚ ਹੀ) ਫਸ ਕੇ (ਉਹਨਾਂ ਦੇ ਹੀ) ਨੇੜੇ ਟਿਕੀ ਰਹਿੰਦੀ ਹੈ। ਮੈਂ (ਇਹਨਾਂ ਤੋਂ ਬਚਣ ਲਈ) ਸੰਤ ਜਨਾਂ ਦੀ ਸਰਨ ਤੱਕੀ ਹੈ। (ਹੇ ਸੰਤ ਜਨੋ! ਮੇਰਾ ਇਹਨਾਂ ਕਾਮਾਦਿਕ) ਵੈਰੀਆਂ ਵਾਲਾ ਸਾਥ ਦੂਰ ਕਰੋ ॥੧॥ ਰਹਾਉ ॥
56037	1307	ਕੋਟਿ ਜਨਮ ਜੋਨਿ ਭ੍ਰਮਿਓ ਹਾਰਿ ਪਰਿਓ ਦੁਆਰਿ॥੧॥		Kott Janam Jon Bhramiou Haar Pariou Dhuaar ||1||	I wandered through millions of lifetimes and incarnations. I am so very tired - I have fallen at God's Door. ||1||	ਹੇ ਸੰਤ ਜਨੋ! (ਕਾਮਾਦਿਕ ਪੰਜਾਂ ਵੈਰੀਆਂ ਦੇ ਪ੍ਰਭਾਵ ਹੇਠ ਰਹਿ ਕੇ ਮਨੁੱਖ ਦੀ ਜਿੰਦ) ਕ੍ਰੋੜਾਂ ਜਨਮਾਂ ਜੂਨਾਂ ਵਿਚ ਭਟਕਦੀ ਰਹਿੰਦੀ ਹੈ। (ਹੇ ਸੰਤ ਜਨੋ!) ਮੈਂ ਹੋਰ ਆਸਰੇ ਛੱਡ ਕੇ ਤੁਹਾਡੇ ਦਰ ਤੇ ਆਇਆ ਹਾਂ ॥੧॥

56038	1307	ਕਿਰਪਾ ਗੋਬਿੰਦ ਭਈ ਮਿਲਿਓ ਨਾਮੁ ਅਧਾਰੁ॥		Kirapaa Gobindh Bhee Miliou Naam Adhhaar ||	The Lord of the Universe has become Kind to me; He has blessed me with the Support of the Naam.	ਜਿਸ ਮਨੁੱਖ ਉੱਤੇ ਪਰਮਾਤਮਾ ਦੀ ਮਿਹਰ ਹੁੰਦੀ ਹੈ, ਉਸ ਨੂੰ (ਕਾਮਾਦਿਕ ਵੈਰੀਆਂ ਦਾ ਟਾਕਰਾ ਕਰਨ ਲਈ ਪਰਮਾਤਮਾ ਦਾ) ਨਾਮ ਆਸਰਾ ਮਿਲ ਜਾਂਦਾ ਹੈ, ਉਸ ਦਾ ਇਹ ਦੁਰਲੱਭ (ਮਨੁੱਖਾ) ਜਨਮ ਕਾਮਯਾਬ ਹੋ ਜਾਂਦਾ ਹੈ।
56039	1307	ਦੁਲਭ ਜਨਮੁ ਸਫਲੁ ਨਾਨਕ ਭਵ ਉਤਾਰਿ ਪਾਰਿ॥੨॥੧॥੪੫॥	ਦੁ-ਲਭ	Dhulabh Janam Safal Naanak Bhav Outhaar Paar ||2||1||45||	This precious human life has become fruitful and prosperous; O Nanak, I am carried across the terrifying world-ocean. ||2||1||45||	ਹੇ ਨਾਨਕ! (ਪ੍ਰਭੂ-ਚਰਨਾਂ ਵਿਚ ਅਰਦਾਸ ਕਰ ਤੇ ਆਖ-ਹੇ ਪ੍ਰਭੂ! ਮੈਨੂੰ ਆਪਣੇ ਨਾਮ ਦਾ ਆਸਰਾ ਦੇ ਕੇ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈ ॥੨॥੧॥੪੫॥
56040	1307	ਕਾਨੜਾ ਮਹਲਾ ੫ ਘਰੁ ੧੧		Kaanarraa Mehalaa 5 Ghar 11	Kaanraa, Fifth Mehl, Eleventh House:	ਰਾਗ ਕਾਨੜਾ, ਘਰ ੧੧ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
56041	1307	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
56042	1307	ਸਹਜ ਸੁਭਾਏ ਆਪਨ ਆਏ॥		Sehaj Subhaaeae Aapan Aaeae ||	He Himself has come to me, in His Natural Way.	(ਕਿਸੇ) ਆਤਮਕ ਅਡੋਲਤਾ ਵਾਲੇ ਪਿਆਰ ਦੀ ਪ੍ਰੇਰਨਾ ਨਾਲ (ਪ੍ਰਭੂ ਜੀ) ਆਪਣੇ ਆਪ ਹੀ (ਮੈਨੂੰ) ਆ ਮਿਲੇ ਹਨ,

56043	1307	ਕਛੂ ਨ ਜਾਨੌ ਕਛੂ ਦਿਖਾਏ॥		Kashhoo N Jaana Kashhoo Dhikhaaeae ||	I know nothing, and I show nothing.	ਮੈਂ ਤਾਂ ਨਾਹ ਕੁਝ ਜਾਣਦਾ-ਬੁੱਝਦਾ ਹਾਂ, ਨਾਹ ਮੈਂ ਕੋਈ ਚੰਗੀ ਕਰਣੀ ਵਿਖਾ ਸਕਿਆ ਹਾਂ।
56044	1307	ਪ੍ਰਭੁ ਮਿਲਿਓ ਸੁਖ ਬਾਲੇ ਭੋਲੇ॥੧॥ਰਹਾਉ॥	(ਭੋਲੇ)ਨਿਸਕਪਟ (ਬਾਲੇ) ਬਾਲਕ ਨੂੰ, (ਸੁਖ) ਸਰੂਪ ਪ੍ਰਭੁ ਜੀ ਮਿਲੇ। ਬਾਲੇ ਭੋਲੇ: ਪੋਲੇ ਬੋਲੋ	Prabh Miliou Sukh Baalae Bholae ||1|| Rehaao ||	I have met God through innocent faith, and He has blessed me with peace. ||1||Pause||	ਮੈਨੂੰ ਭੋਲੇ ਬਾਲ ਨੂੰ ਉਹ ਸੁਖਾਂ ਦਾ ਮਾਲਕ ਪ੍ਰਭੂ (ਆਪ ਹੀ) ਆ ਮਿਲਿਆ ਹੈ ॥੧॥ ਰਹਾਉ ॥
56045	1307	ਸੰਜੋਗਿ ਮਿਲਾਏ ਸਾਧਸੰਗਾਏ॥		Sanjog Milaaeae Saadhh Sangaaeae ||	By the good fortune of my destiny, I have joined the Saadh Sangat, the Company of the Holy.	(ਕਿਸੇ ਪਿਛਲੇ) ਸੰਜੋਗ ਨੇ (ਮੈਨੂੰ) ਸਾਧ ਸੰਗਤ ਵਿਚ ਮਿਲਾ ਦਿੱਤਾ,
56046	1307	ਕਤਹੂ ਨ ਜਾਏ ਘਰਹਿ ਬਸਾਏ॥		Kathehoo N Jaaeae Gharehi Basaaeae ||	I do not go out anywhere; I dwell in my own home.	(ਹੁਣ ਮੇਰਾ ਮਨ) ਕਿਸੇ ਭੀ ਹੋਰ ਪਾਸੇ ਨਹੀਂ ਜਾਂਦਾ, (ਹਿਰਦੇ-) ਘਰ ਵਿਚ ਹੀ ਟਿਕਿਆ ਰਹਿੰਦਾ ਹੈ।
56047	1307	ਗੁਨ ਨਿਧਾਨੁ ਪ੍ਰਗਟਿਓ ਇਹ ਚੋਲੈ॥੧॥	ਚੋਲੈ: ਪੋਲਾ ਬੋਲੋ	Gun Nidhhaan Pragattiou Eih Cholai ||1||	God, the Treasure of Virtue, has been revealed in this body-robe. ||1||	(ਮੇਰੇ ਇਸ ਸਰੀਰ ਵਿਚ ਗੁਣਾਂ ਦਾ ਖ਼ਜ਼ਾਨਾ ਪ੍ਰਭੂ ਪਰਗਟ ਹੋ ਪਿਆ ਹੈ ॥੧॥
56048	1307	ਚਰਨ ਲੁਭਾਏ ਆਨ ਤਜਾਏ॥		Charan Lubhaaeae Aan Thajaaeae ||	I have fallen in love with His Feet; I have abandoned everything else.	(ਪ੍ਰਭੂ ਦੇ) ਚਰਨਾਂ ਨੇ (ਮੈਨੂੰ ਆਪਣੇ ਵਲ) ਖਿੱਚ ਪਾ ਲਈ ਹੈ, ਮੈਥੋਂ ਹੋਰ ਸਾਰੇ ਮੋਹ-ਪਿਆਰ ਛਡਾ ਲਏ ਹਨ,

56049	1307	ਥਾਨ ਥਨਾਏ ਸਰਬ ਸਮਾਏ॥		Thhaan Thhanaaeae Sarab Samaaeae ||	In the places and interspaces, He is All-pervading.	(ਹੁਣ ਮੈਨੂੰ ਇਉਂ ਦਿੱਸਦਾ ਹੈ ਕਿ ਉਹ ਪ੍ਰਭੂ) ਹਰੇਕ ਥਾਂ ਵਿਚ ਸਭਨਾਂ ਵਿਚ ਵੱਸ ਰਿਹਾ ਹੈ।
56050	1307	ਰਸਕਿ ਰਸਕਿ ਨਾਨਕੁ ਗੁਨ ਬੋਲੈ॥੨॥੧॥੪੬॥		Rasak Rasak Naanak Gun Bolai ||2||1||46||	With loving joy and excitement, Nanak speaks His Praises. ||2||1||46||	(ਹੁਣ ਉਸ ਦਾ ਦਾਸ) ਨਾਨਕ ਬੜੇ ਆਨੰਦ ਨਾਲ ਉਸ ਦੇ ਗੁਣ ਉਚਾਰਦਾ ਰਹਿੰਦਾ ਹੈ ॥੨॥੧॥੪੬॥
56051	1307	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
56052	1307	ਗੋਬਿੰਦ ਠਾਕੁਰ ਮਿਲਨ ਦੁਰਾਈਂ॥		Gobindh Thaakur Milan Dhuraaeanaee ||	It is so hard to meet the Lord of the Universe, my Lord and Master.	ਗੋਬਿੰਦ ਨੂੰ ਠਾਕੁਰ ਨੂੰ ਮਿਲਣਾ ਬਹੁਤ ਔਖਾ ਹੈ।
56053	1307	ਪਰ ਮਿਤਿ ਰੂਪੁ ਅਗੰਮ ਅਗੋਚਰ ਰਹਿਓ ਸਰਬ ਸਮਾਈ॥੧॥ਰਹਾਉ॥		Paramith Roop Aganm Agochar Rehiou Sarab Samaaee ||1|| Rehaao ||	His Form is Immeasurable, Inaccessible and Unfathomable; He is All-pervading everywhere. ||1||Pause||	ਉਹ ਪਰਮਾਤਮਾ (ਉਂਞ ਤਾਂ) ਸਭਨਾਂ ਵਿਚ ਸਮਾਇਆ ਹੋਇਆ ਹੈ (ਪਰ) ਉਸ ਦਾ ਸਰੂਪ ਅੰਦਾਜ਼ੇ ਤੋਂ ਪਰੇ ਹੈ, ਉਹ ਅਪਹੁੰਚ ਹੈ, ਉਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ ॥੧॥ ਰਹਾਉ ॥

56054	1307	ਕਹਨਿ ਭਵਨਿ ਨਾਹੀ ਪਾਇਓ ਪਾਇਓ ਅਨਿਕ ਉਕਤਿ ਚਤੁਰਾਈ॥੧॥		Kehan Bhavan Naahee Paaeiou Paaeiou Anik Oukath Chathuraaee ||1||	By speaking and wandering, nothing is gained; nothing is obtained by clever tricks and devices. ||1||	(ਨਿਰਾ ਗਿਆਨ ਦੀਆਂ) ਗੱਲਾਂ ਕਰਨ ਨਾਲ, (ਤੀਰਥ ਆਦਿਕਾਂ ਤੇ) ਭੌਣ ਨਾਲ ਪਰਮਾਤਮਾ ਨਹੀਂ ਮਿਲਦਾ, ਅਨੇਕਾਂ ਯੁਕਤੀਆਂ ਤੇ ਚਤੁਰਾਈਆਂ ਨਾਲ ਭੀ ਨਹੀਂ ਮਿਲਦਾ ॥੧॥
56055	1307	ਜਤਨ ਜਤਨ ਅਨਿਕ ਉਪਾਵ ਰੇ ਤਉ ਮਿਲਿਓ ਜਉ ਕਿਰਪਾਈ॥		Jathan Jathan Anik Oupaav Rae Tho Miliou Jo Kirapaaee ||	People try all sorts of things, but the Lord is only met when He shows His Mercy.	ਹੇ ਭਾਈ! ਅਨੇਕਾਂ ਜਤਨਾਂ ਅਤੇ ਅਨੇਕਾਂ ਹੀਲਿਆਂ ਨਾਲ ਪਰਮਾਤਮਾ ਨਹੀਂ ਮਿਲਦਾ। ਉਹ ਤਦੋਂ ਹੀ ਮਿਲਦਾ ਹੈ ਜਦੋਂ ਉਸ ਦੀ ਆਪਣੀ ਕਿਰਪਾ ਹੁੰਦੀ ਹੈ।
56056	1307	ਪ੍ਰਭੂ ਦਇਆਰ ਕ੍ਰਿਪਾਰ ਕ੍ਰਿਪਾਨਿਧਿ ਜਨ ਨਾਨਕ ਸੰਤ ਰੇਨਾਈ॥੨॥੨॥੪੭॥	ਦ-ਇਆਰ	Prabhoo Dhaeiaar Kirapaar Kirapaa Nidhh Jan Naanak Santh Raenaaee ||2||2||47||	God is Kind and Compassionate, the Treasure of Mercy; servant Nanak is the dust of the feet of the Saints. ||2||2||47||	ਹੇ ਦਾਸ ਨਾਨਕ! ਦਇਆਲ, ਕਿਰਪਾਲ, ਕਿਰਪਾ ਦਾ ਖ਼ਜ਼ਾਨਾ ਪ੍ਰਭੂ ਸੰਤ ਜਨਾਂ ਦੀ ਚਰਨ-ਧੂੜ ਵਿਚ ਰਿਹਾਂ ਮਿਲਦਾ ਹੈ ॥੨॥੨॥੪੭॥
56057	1307	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
56058	1307	ਮਾਈ ਸਿਮਰਤ ਰਾਮ ਰਾਮ ਰਾਮ॥		Maaee Simarath Raam Raam Raam ||	O mother, I meditate on the Lord, Raam, Raam, Raam.	ਹੇ ਮਾਂ! ਉਸ ਪਰਮਾਤਮਾ ਦਾ ਨਾਮ ਹਰ ਵੇਲੇ ਸਿਮਰਦਿਆਂ (ਮੈਂ ਨਾਮ ਸਿਮਰਨ ਨੂੰ ਜੀਵਨ ਦਾ ਆਧਾਰ ਬਣਾ ਲਿਆ ਹੈ)।

56059	1307	ਪ੍ਰਭ ਬਿਨਾ ਨਾਹੀ ਹੋਰੁ॥		Prabh Binaa Naahee Hor ||	Without God, there is no other at all.	ਪ੍ਰਭੂ ਬਿਨਾ (ਮੇਰਾ) ਕੋਈ ਹੋਰ (ਆਸਰਾ) ਨਹੀਂ ਹੈ।
56060	1307	ਚਿਤਵਉ ਚਰਨਾਰਬਿੰਦ ਸਾਸਨ ਨਿਸਿ ਭੋਰ॥੧॥ਰਹਾਉ॥		Chithavo Charanaarabindh Saasan Nis Bhor ||1|| Rehaao ||	I remember His Lotus Feet with every breath, night and day. ||1||Pause||	ਮੈਂ ਦਿਨ ਰਾਤ ਹਰੇਕ ਸਾਹ ਦੇ ਨਾਲ ਉਸ ਦੇ ਸੋਹਣੇ ਚਰਨਾਂ ਦਾ ਧਿਆਨ ਧਰਦਾ ਰਹਿੰਦਾ ਹਾਂ ॥੧॥ ਰਹਾਉ ॥
56061	1307	ਲਾਇ ਪ੍ਰੀਤਿ ਕੀਨ ਆਪਨ ਤੂਟਤ ਨਹੀ ਜੋਰੁ॥		Laae Preeth Keen Aapan Thoottath Nehee Jor ||	He loves me and makes me His Own; my union with Him shall never be broken.	ਹੇ ਮਾਂ! (ਉਸ ਪਰਮਾਤਮਾ ਨਾਲ) ਪਿਆਰ ਪਾ ਕੇ (ਮੈਂ ਉਸ ਨੂੰ) ਆਪਣਾ ਬਣਾ ਲਿਆ ਹੈ (ਹੁਣ ਇਹ) ਪ੍ਰੀਤ ਦੀ ਗੰਢ ਟੁੱਟੇਗੀ ਨਹੀਂ।
56062	1307	ਪ੍ਰਾਨ ਮਨੁ ਧਨੁ ਸਰਬਸੋ ਹਰਿ ਗੁਨ ਨਿਧੇ ਸੁਖ ਮੋਰ॥੧॥	ਸਰਬਸੋ: ਪੋਲਾ ਬੋਲੋ ਮਿਲਵਾਂ ਹੋੜੇ ਔਂਕੜ ਵਿਚਕਾਰ ਬੋਲੋ	Praan Man Dhhan Sarabasuo Har Gun Nidhhae Sukh Mor ||1||	He is my breath of life, mind, wealth and everything. The Lord is the Treasure of Virtue and Peace. ||1||	ਮੇਰੇ ਵਾਸਤੇ ਗੁਣਾਂ ਦਾ ਖ਼ਜ਼ਾਨਾ ਹਰੀ ਹੀ ਸੁਖ ਹੈ, ਜਿੰਦ ਹੈ, ਮਨ ਹੈ, ਧਨ ਹੈ, ਮੇਰਾ ਸਭ ਕੁਝ ਉਹੀ ਹੈ ॥੧॥
56063	1307	ਈਤ ਊਤ ਰਾਮ ਪੂਰਨੁ ਨਿਰਖਤ ਰਿਦ ਖੋਰਿ॥		Eeth Ooth Raam Pooran Nirakhath Ridh Khor ||	Here and hereafter, the Lord is perfectly pervading; He is seen deep within the heart.	ਇਥੇ ਉਥੇ ਹਰ ਥਾਂ ਪਰਮਾਤਮਾ ਹੀ ਵਿਆਪਕ ਹੈ, ਮੈਂ ਉਸਨੂੰ ਆਪਣੇ ਹਿਰਦੇ ਦੇ ਲੁਕਵੇਂ ਥਾਂ ਵਿਚ (ਬੈਠਾ) ਵੇਖ ਰਿਹਾ ਹਾਂ।

56064	1307	ਸੰਤ ਸਰਨ ਤਰਨ ਨਾਨਕ ਬਿਨਸਿਓ ਦੁਖੁ ਘੋਰ॥੨॥੩॥੪੮॥		Santh Saran Tharan Naanak Binasiou Dhukh Ghor ||2||3||48||	In the Sanctuary of the Saints, I am carried across; O Nanak, the terrible pain has been taken away. ||2||3||48||	(ਜੀਵਾਂ ਨੂੰ ਪਾਰ ਲੰਘਾਣ ਲਈ ਉਹ) ਜਹਾਜ਼ ਹੈ, ਸੰਤਾਂ ਦੀ ਸਰਨ ਵਿਚ ਹੇ ਨਾਨਕ! (ਜਿਨ੍ਹਾਂ ਨੂੰ ਮਿਲ ਪੈਂਦਾ ਹੈ, ਉਹਨਾਂ ਦਾ) ਸਾਰਾ ਵੱਡੇ ਤੋਂ ਵੱਡਾ ਦੁੱਖ ਭੀ ਨਾਸ ਹੋ ਜਾਂਦਾ ਹੈ ॥੨॥੩॥੪੮॥
56065	1307	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
56066	1307	ਜਨ ਕੋ ਪ੍ਰਭੁ ਸੰਗੇ ਅਸਨੇਹੁ॥		Jan Ko Prabh Sangae Asanaehu ||	God's humble servant is in love with Him.	ਹੇ ਪ੍ਰਭੂ! ਤੂੰ ਆਪਣੇ ਸੇਵਕ ਦੇ ਸਿਰ ਉਤੇ ਰਾਖਾ ਹੈਂ, (ਤੇਰੇ ਸੇਵਕ ਦਾ ਤੇਰੇ) ਨਾਲ ਪਿਆਰ (ਟਿਕਿਆ ਰਹਿੰਦਾ ਹੈ)।
56067	1307	ਸਾਜਨੋ ਤੂ ਮੀਤੁ ਮੇਰਾ ਗ੍ਰਿਹਿ ਤੇਰੈ ਸਭੁ ਕੇਹੁ॥੧॥ਰਹਾਉ॥		Saajano Thoo Meeth Maeraa Grihi Thaerai Sabh Kaehu ||1|| Rehaao ||	You are my Friend, my very best Friend; everything is in Your Home. ||1||Pause||	ਹੇ ਪ੍ਰਭੂ! ਤੂੰ (ਹੀ) ਮੇਰਾ ਸੱਜਣ ਹੈਂ, ਤੂੰ (ਹੀ) ਮੇਰਾ ਮਿੱਤਰ ਹੈਂ, ਤੇਰੇ ਘਰ ਵਿਚ ਹਰੇਕ ਪਦਾਰਥ ਹੈ ॥੧॥ ਰਹਾਉ ॥
56068	1307	ਮਾਨੁ ਮਾਂਗਉ ਤਾਨੁ ਮਾਂਗਉ ਧਨੁ ਲਖਮੀ ਸੁਤ ਦੇਹ॥੧॥		Maan Maango Thaan Maango Dhhan Lakhamee Suth Dhaeh ||1||	I beg for honor, I beg for strength; please bless me with wealth, property and children. ||1||	ਹੇ ਪ੍ਰਭੂ! ਮੈਂ (ਤੇਰੇ ਦਰ ਤੋਂ) ਇੱਜ਼ਤ ਮੰਗਦਾ ਹਾਂ, (ਤੇਰਾ) ਆਸਰਾ ਮੰਗਦਾ ਹਾਂ, ਧਨ-ਪਦਾਰਥ ਮੰਗਦਾ ਹਾਂ, ਪੁੱਤਰ ਮੰਗਦਾ ਹਾਂ, ਸਰੀਰਕ ਅਰੋਗਤਾ ਮੰਗਦਾ ਹਾਂ ॥੧॥

56069	1307	ਮੁਕਤਿ ਜੁਗਤਿ ਭੁਗਤਿ ਪੂਰਨ ਪਰਮਾਨੰਦ ਪਰਮ ਨਿਧਾਨ॥		Mukath Jugath Bhugath Pooran Paramaanandh Param Nidhhaan ||	You are the Technology of liberation, the Way to worldly success, the Perfect Lord of Supreme Bliss, the Transcendent Treasure.	ਹੇ ਪ੍ਰਭੂ! ਤੂੰ ਹੀ ਵਿਕਾਰਾਂ ਤੋਂ ਖ਼ਲਾਸੀ ਦੇਣ ਵਾਲਾ ਹੈਂ, ਤੂੰ ਹੀ ਜੀਵਨ-ਜਾਚ ਸਿਖਾਂਦਾ ਹੈਂ, ਤੂੰ ਹੀ ਭੋਜਨ ਦੇਣ ਵਾਲਾ ਹੈਂ, ਤੂੰ ਸਭ ਤੋਂ ਉੱਚੇ ਆਨੰਦ ਤੇ ਸੁਖਾਂ ਦਾ ਖ਼ਜ਼ਾਨਾ ਹੈਂ।
56070	1308	ਭੈ ਭਾਇ ਭਗਤਿ ਨਿਹਾਲ ਨਾਨਕ ਸਦਾ ਸਦਾ ਕੁਰਬਾਨ॥੨॥੪॥੪੯॥		Bhai Bhaae Bhagath Nihaal Naanak Sadhaa Sadhaa Kurabaan ||2||4||49||	In the Fear of God and loving devotion, Nanak is exalted and enraptured, forever and ever a sacrifice to Him. ||2||4||49||	ਹੇ ਨਾਨਕ! (ਆਖ-ਹੇ ਪ੍ਰਭੂ! ਮੈਂ ਤੈਥੋਂ) ਸਦਾ ਹੀ ਸਦਕੇ ਜਾਂਦਾ ਹਾਂ, (ਜਿਹੜੇ ਮਨੁੱਖ ਤੇਰੇ) ਡਰ ਵਿਚ ਪਿਆਰ ਵਿਚ (ਟਿਕ ਕੇ ਤੇਰੀ) ਭਗਤੀ (ਕਰਦੇ ਹਨ, ਉਹ) ਨਿਹਾਲ (ਹੋ ਜਾਂਦੇ ਹਨ) ॥੨॥੪॥੪੯॥
56071	1308	ਕਾਨੜਾ ਮਹਲਾ ੫॥		Kaanarraa Mehalaa 5 ||	Kaanraa, Fifth Mehl:	
56072	1308	ਕਰਤ ਕਰਤ ਚਰਚ ਚਰਚ ਚਰਚਰੀ॥	(ਕਰਤ) ਕਰਦੇ ਹਨ। (ਚਰਚ) ਚਰਚਾ। (ਨੱਚਣ) ਗਾਇਣ ਕਰਕੇ ਗਿੱਧੇ ਦੀ (ਚਰਚਰੀ) ਧੁੰਮ ਉਠਾਉਂਦੇ ਹਨ	Karath Karath Charach Charach Characharee ||	The debaters debate and argue their arguments.	(ਬਹੁਤ ਸਾਰੇ ਸ਼ਾਸਤ੍ਰ ਦੇ ਗਿਆਤਾ ਜਿੱਥੇ ਕਿਤੇ ਜਾਂਦੇ ਹਨ) ਚਰਚਾ ਹੀ ਚਰਚਾ ਕਰਦੇ ਫਿਰਦੇ ਹਨ,

56073	1308	ਜੋਗ ਧਿਆਨ ਭੇਖ ਗਿਆਨ ਫਿਰਤ ਫਿਰਤ ਧਰਤ ਧਰਤ ਧਰਚਰੀ॥੧॥ਰਹਾਉ ॥	ਜੰਗਮ ਹੋ ਕੇ (ਧਰਚਰੀ) ਧਰਤੀ ਹੀ ਧਰਤੀ ਤੇ (ਫਿਰਤ) ਫਿਰਦੇ ਹੀ ਫਿਰਦੇ ਹਨ	Jog Dhhiaan Bhaekh Giaan Firath Firath Dhharath Dhharath Dhharacharee ||1|| Rehaao ||	The Yogis and meditators, religious and spiritual teachers roam and ramble, wandering endlessly all over the earth. ||1||Pause||	ਅਨੇਕਾਂ ਜੋਗ ਸਮਾਧੀਆਂ ਲਾਣ ਵਾਲੇ (ਛੇ) ਭੇਖਾਂ ਦੇ ਸਾਧੂ (ਸ਼ਾਸਤ੍ਰ ਦੇ) ਗਿਆਨਵਾਨ ਸਦਾ ਧਰਤੀ ਉਤੇ ਤੁਰੇ ਫਿਰਦੇ ਹਨ, (ਪਰ ਪ੍ਰਭੂ ਦੇ ਭੋਜਨ ਤੋਂ ਬਿਨਾ ਇਹ ਸਭ ਕੁਝ ਵਿਅਰਥ ਹੈ) ॥੧॥ ਰਹਾਉ ॥
56074	1308	ਅਹੰ ਅਹੰ ਅਹੈ ਅਵਰ ਮੂੜ ਮੂੜ ਮੂੜ ਬਵਰਈ॥		Ahan Ahan Ahai Avar Moorr Moorr Moorr Bavaree ||	They are egotistical, self-centered and conceited, foolish, stupid, idiotic and insane.	(ਇਹੋ ਜਿਹੇ ਅਨੇਕਾਂ ਹੀ) ਹੋਰ ਹਨ, (ਉਹਨਾਂ ਦੇ ਅੰਦਰ) ਹਉਮੈ ਹੀ ਹਉਮੈ, (ਨਾਮ ਤੋਂ ਸੱਖਣੇ ਉਹ) ਮੂਰਖ ਹਨ, ਮੂਰਖ ਹਨ, ਝੱਲੇ ਹਨ।
56075	1308	ਜਤਿ ਜਾਤ ਜਾਤ ਜਾਤ ਸਦਾ ਸਦਾ ਸਦਾ ਸਦਾ ਕਾਲ ਹਈ॥੧॥	(ਹਈਨਾਸ਼) ਕਰਦਾ ਹਈ ਹੈ	Jath Jaath Jaath Jaath Sadhaa Sadhaa Sadhaa Sadhaa Kaal Hee ||1||	Wherever they go and wander, death is always with them, forever and ever and ever and ever. ||1||	(ਉਹ ਧਰਤੀ ਉੱਤੇ ਤੁਰੇ ਫਿਰਦੇ ਹਨ, ਇਸ ਨੂੰ ਧਰਮ ਦਾ ਕੰਮ ਸਮਝਦੇ ਹਨ ਪਰ ਉਹ) ਜਿੱਥੇ ਭੀ ਜਾਂਦੇ ਹਨ, ਜਿੱਥੇ ਭੀ ਜਾਂਦੇ ਹਨ, ਸਦਾ ਹੀ ਸਦਾ ਹੀ ਆਤਮਕ ਮੌਤ (ਉਹਨਾਂ ਉਤੇ ਸਵਾਰ ਰਹਿੰਦੀ) ਹੈ ॥੧॥
56076	1308	ਮਾਨੁ ਮਾਨੁ ਮਾਨੁ ਤਿਆਗਿ ਮਿਰਤੁ ਮਿਰਤੁ ਨਿਕਟਿ ਨਿਕਟਿ ਸਦਾ ਹਈ॥		Maan Maan Maan Thiaag Mirath Mirath Nikatt Nikatt Sadhaa Hee ||	Give up your pride and stubborn self-conceit; death, yes, death, is always close and near at hand.	ਹੇ ਮੂਰਖ! (ਇਹਨਾਂ ਸਮਾਧੀਆਂ ਦਾ) ਮਾਣ, (ਭੇਖ ਦਾ) ਮਾਣ (ਸ਼ਾਸਤ੍ਰਾਂ ਦੇ ਗਿਆਨ ਦਾ) ਅਹੰਕਾਰ ਛੱਡ ਦੇਹ, (ਇਸ ਤਰ੍ਹਾਂ ਆਤਮਕ) ਮੌਤ ਸਦਾ (ਤੇਰੇ) ਨੇੜੇ ਹੈ, ਸਦਾ (ਤੇਰੇ) ਨੇੜੇ ਹੈ।

56077	1308	ਹਰਿ ਹਰੇ ਹਰੇ ਭਾਜੁ ਕਹਤੁ ਨਾਨਕੁ ਸੁਨਹੁ ਰੇ ਮੂੜ ਬਿਨੁ ਭਜਨ ਭਜਨ ਭਜਨ ਅਹਿਲਾ ਜਨਮੁ ਗਈ॥੨॥੫॥੫੦॥ ੧੨॥੬੨॥	(ਅਹਿਲਾ) ਸੁੰਦਰ, ਬਿਅਰਥ	Har Harae Harae Bhaaj Kehath Naanak Sunahu Rae Moorr Bin Bhajan Bhajan Bhajan Ahilaa Janam Gee ||2||5||50||12||62||	Vibrate and meditate on the Lord, Har, Haray, Haray. Says Nanak, listen you fool: without vibrating, and meditating, and dwelling on Him, your life is uselessly wasting away. ||2||5||50||12||62||	(ਤੈਨੂੰ) ਨਾਨਕ ਆਖਦਾ ਹੈ ਕਿ ਹੇ ਮੂਰਖ! ਪਰਮਾਤਮਾ ਦਾ ਭਜਨ ਕਰ, ਹਰੀ ਦਾ ਭਜਨ ਕਰ। ਭਜਨ ਤੋਂ ਬਿਨਾ ਕੀਮਤੀ ਮਨੁੱਖਾ ਜਨਮ (ਵਿਅਰਥ) ਜਾ ਰਿਹਾ ਹੈ ॥੨॥੫॥੫੦॥੧੨॥੬੨॥
56078	1308	ਕਾਨੜਾ ਅਸਟਪਦੀਆ ਮਹਲਾ ੪ ਘਰੁ ੧	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Kaanarraa Asattapadheeaa Mehalaa 4 Ghar 1	Kaanraa, Ashtapadees, Fourth Mehl, First House:	ਰਾਗ ਕਾਨੜਾ, ਘਰ ੧ ਵਿੱਚ ਗੁਰੂ ਰਾਮਦਾਸ ਜੀ ਦੀ ਅੱਠ ਬੰਦਾਂ ਵਾਲੀ ਬਾਣੀ।
56079	1308	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
56080	1308	ਜਪਿ ਮਨ ਰਾਮ ਨਾਮੁ ਸੁਖੁ ਪਾਵੈਗੋ॥		Jap Man Raam Naam Sukh Paavaigo ||	Chant the Name of the Lord, O mind, and find peace.	ਹੇ (ਮੇਰੇ) ਮਨ! (ਪਰਮਾਤਮਾ ਦਾ) ਨਾਮ (ਸਦਾ) ਜਪਿਆ ਕਰ (ਜਿਹੜਾ ਮਨੁੱਖ ਜਪਦਾ ਹੈ, ਉਹ) ਸੁਖ ਪਾਂਦਾ ਹੈ।

56081	1308	ਜਿਉ ਜਿਉ ਜਪੈ ਤਿਵੈ ਸੁਖੁ ਪਾਵੈ ਸਤਿਗੁਰੁ ਸੇਵਿ ਸਮਾਵੈਗੋ॥੧॥ਰਹਾਉ ॥		Jio Jio Japai Thivai Sukh Paavai Sathigur Saev Samaavaigo ||1|| Rehaao ||	The more you chant and meditate, the more you will be at peace; serve the True Guru, and merge in the Lord. ||1||Pause||	ਜਿਉਂ ਜਿਉਂ (ਮਨੁੱਖ ਹਰਿ-ਨਾਮ) ਜਪਦਾ ਹੈ, ਤਿਉਂ ਤਿਉਂ ਆਨੰਦ ਮਾਣਦਾ ਹੈ, ਅਤੇ ਗੁਰੂ ਦੀ ਸਰਨ ਪੈ ਕੇ (ਹਰਿ-ਨਾਮ ਵਿਚ) ਲੀਨ ਰਹਿੰਦਾ ਹੈ ॥੧॥ ਰਹਾਉ ॥
56082	1308	ਭਗਤ ਜਨਾਂ ਕੀ ਖਿਨੁ ਖਿਨੁ ਲੋਚਾ ਨਾਮੁ ਜਪਤ ਸੁਖੁ ਪਾਵੈਗੋ॥		Bhagath Janaan Kee Khin Khin Lochaa Naam Japath Sukh Paavaigo ||	Each and every instant, the humble devotees long for Him; chanting the Naam, they find peace.	ਹੇ ਮਨ! ਭਗਤ ਜਨਾਂ ਦੀ ਹਰ ਵੇਲੇ (ਨਾਮ ਜਪਣ ਦੀ) ਤਾਂਘ ਬਣੀ ਰਹਿੰਦੀ ਹੈ, (ਪਰਮਾਤਮਾ ਦਾ ਭਗਤ) ਹਰਿ-ਨਾਮ ਜਪਦਿਆਂ ਆਨੰਦ ਪ੍ਰਾਪਤ ਕਰਦਾ ਹੈ।
56083	1308	ਅਨ ਰਸ ਸਾਦ ਗਏ ਸਭ ਨੀਕਰਿ ਬਿਨੁ ਨਾਵੈ ਕਿਛੁ ਨ ਸੁਖਾਵੈਗੋ॥੧॥		An Ras Saadh Geae Sabh Neekar Bin Naavai Kishh N Sukhaavaigo ||1||	The taste of other pleasures is totally eradicated; nothing pleases them, except the Name. ||1||	(ਉਸ ਦੇ ਅੰਦਰੋਂ) ਹੋਰ ਸਾਰੇ ਰਸਾਂ ਦੇ ਸੁਆਦ ਨਿਕਲ ਜਾਂਦੇ ਹਨ, ਹਰਿ-ਨਾਮ ਤੋਂ ਬਿਨਾ (ਭਗਤ ਨੂੰ) ਹੋਰ ਕੁਝ ਚੰਗਾ ਨਹੀਂ ਲੱਗਦਾ ॥੧॥
56084	1308	ਗੁਰਮਤਿ ਹਰਿ ਹਰਿ ਮੀਠਾ ਲਾਗਾ ਗੁਰੁ ਮੀਠੇ ਬਚਨ ਕਢਾਵੈਗੋ॥		Guramath Har Har Meethaa Laagaa Gur Meethae Bachan Kadtaavaigo ||	Following the Guru's Teachings, the Lord seems sweet to them; the Guru inspires them to speak sweet words.	ਹੇ ਮਨ! ਗੁਰੂ ਦੀ ਮੱਤ ਦੀ ਬਰਕਤਿ ਨਾਲ (ਭਗਤ ਨੂੰ) ਪਰਮਾਤਮਾ ਦਾ ਨਾਮ ਪਿਆਰਾ ਲੱਗਣ ਲਗ ਪੈਂਦਾ ਹੈ, ਗੁਰੂ (ਉਸ ਦੇ ਮੂੰਹੋਂ ਸਿਫ਼ਤ-ਸਾਲਾਹ ਦੇ) ਮਿੱਠੇ ਬਚਨ (ਹੀ) ਕਢਾਂਦਾ ਹੈ।

56085	1308	ਸਤਿਗੁਰ ਬਾਣੀ ਪੁਰਖੁ ਪੁਰਖੋਤਮ ਬਾਣੀ ਸਿਉ ਚਿਤੁ ਲਾਵੈਗੋ॥੨॥		Sathigur Baanee Purakh Purakhotham Baanee Sio Chith Laavaigo ||2||	Through the Word of the True Guru's Bani, the Primal Lord God is revealed; so focus your consciousness on His Bani. ||2||	ਗੁਰੂ ਦੀ ਬਾਣੀ ਦੀ ਰਾਹੀਂ (ਭਗਤ) ਸ੍ਰੇਸ਼ਟ ਪੁਰਖ ਪਰਮਾਤਮਾ ਨੂੰ (ਮਿਲ ਪੈਂਦਾ ਹੈ, ਇਸ ਵਾਸਤੇ ਭਗਤ ਸਦਾ) ਗੁਰੂ ਦੀ ਬਾਣੀ ਨਾਲ (ਆਪਣਾ) ਚਿੱਤ ਪੱਧਰ ਜਾਂਦਾ ਹੈ ॥੨॥
56086	1308	ਗੁਰਬਾਣੀ ਸੁਨਤ ਮੇਰਾ ਮਨੁ ਦ੍ਰਵਿਆ ਮਨੁ ਭੀਨਾ ਨਿਜ ਘਰਿ ਆਵੈਗੋ॥		Gurabaanee Sunath Maeraa Man Dhraviaa Man Bheenaa Nij Ghar Aavaigo ||	Hearing the Word of the Guru's Bani, my mind has been softened and saturated with it; my mind has returned to its own home deep within.	ਮੇਰਾ ਮਨ (ਨਾਮ-ਰਸ ਨਾਲ) ਭਿੱਜ ਜਾਂਦਾ ਹੈ, (ਬਾਹਰ ਭਟਕਣ ਦੇ ਥਾਂ) ਆਪਣੇ ਅਸਲ ਸਰੂਪ ਵਿਚ ਟਿਕਿਆ ਰਹਿੰਦਾ ਹੈ।
56087	1308	ਤਹ ਅਨਹਤ ਧੁਨੀ ਬਾਜਹਿ ਨਿਤ ਬਾਜੇ ਨੀਝਰ ਧਾਰ ਚੁਆਵੈਗੋ॥੩॥	ਬੱਾਜਹਿ ਬੱਾਜੇ ਨੀੱਝਰ	Theh Anehath Dhhunee Baajehi Nith Baajae Neejhar Dhhaar Chuaavaigo ||3||	The Unstruck Melody resonates and resounds there continuously; the stream of nectar trickles down constantly. ||3||	ਹਿਰਦੇ ਵਿਚ ਇਉਂ ਆਨੰਦ ਬਣਿਆ ਰਹਿੰਦਾ ਹੈ, (ਮਾਨੋ) ਉਸ ਹਿਰਦੇ ਵਿਚ ਇਕ-ਰਸ ਸੁਰ ਨਾਲ ਵਾਜੇ ਵੱਜਦੇ ਰਹਿੰਦੇ ਹਨ, (ਮਾਨੋ) ਚਸ਼ਮੇ (ਦੇ ਪਾਣੀ) ਦੀ ਧਾਰ ਚਲਦੀ ਰਹਿੰਦੀ ਹੈ ॥੩॥
56088	1308	ਰਾਮ ਨਾਮੁ ਇਕੁ ਤਿਲ ਤਿਲ ਗਾਵੈ ਮਨੁ ਗੁਰਮਤਿ ਨਾਮਿ ਸਮਾਵੈਗੋ॥		Raam Naam Eik Thil Thil Gaavai Man Guramath Naam Samaavaigo ||	Singing the Name of the One Lord each and every instant, and following the Guru's Teachings, the mind is absorbed in the Naam.	ਹੇ ਮਨ! (ਪਰਮਾਤਮਾ ਦਾ ਭਗਤ) ਹਰ ਵੇਲੇ ਹਰੇਕ ਸਾਹ ਦੇ ਨਾਲ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ, ਗੁਰੂ ਦੀ ਮੱਤ ਲੈ ਕੇ (ਭਗਤ ਦਾ) ਮਨ (ਸਦਾ) ਨਾਮ ਵਿਚ ਲੀਨ ਰਹਿੰਦਾ ਹੈ।

56089	1308	ਨਾਮੁ ਸੁਣੈ ਨਾਮੋ ਮਨਿ ਭਾਵੈ ਨਾਮੇ ਹੀ ਤ੍ਰਿਪਤਾਵੈਗੋ॥੪॥		Naam Sunai Naamo Man Bhaavai Naamae Hee Thripathaavaigo ||4||	Listening to the Naam, the mind is pleased with the Naam, and satisfied with the Naam. ||4||	ਭਗਤ (ਹਰ ਵੇਲੇ ਪਰਮਾਤਮਾ ਦਾ) ਨਾਮ ਸੁਣਦਾ ਹੈ, ਨਾਮ ਹੀ (ਉਸ ਦੇ) ਮਨ ਵਿਚ ਪਿਆਰਾ ਲੱਗਦਾ ਹੈ, ਨਾਮ ਦੀ ਰਾਹੀਂ ਹੀ (ਭਗਤ ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜਿਆ ਰਹਿੰਦਾ ਹੈ ॥੪॥
56090	1308	ਕਨਿਕ ਕਨਿਕ ਪਹਿਰੇ ਬਹੁ ਕੰਗਨਾ ਕਾਪਰੁ ਭਾਂਤਿ ਬਨਾਵੈਗੋ॥		Kanik Kanik Pehirae Bahu Kanganaa Kaapar Bhaanth Banaavaigo ||	People wear lots of bracelets, glittering with gold; they wear all sorts of fine clothes.	(ਹੇ ਮੇਰੇ ਮਨ! ਮਾਇਆ-ਵੇੜ੍ਹਿਆ ਮਨੁੱਖ) ਸੋਨੇ (ਆਦਿਕ ਕੀਮਤੀ ਧਾਤਾਂ) ਦੇ ਅਨੇਕਾਂ ਕੰਗਣ (ਆਦਿਕ ਗਹਿਣੇ) ਪਹਿਨਦਾ ਹੈ (ਆਪਣੇ ਸਰੀਰ ਨੂੰ ਸਜਾਣ ਲਈ) ਕਈ ਕਿਸਮ ਦਾ ਕੱਪੜਾ ਬਣਾਂਦਾ ਹੈ,
56091	1308	ਨਾਮ ਬਿਨਾ ਸਭਿ ਫੀਕ ਫਿਕਾਨੇ ਜਨਮਿ ਮਰੈ ਫਿਰਿ ਆਵੈਗੋ॥੫॥		Naam Binaa Sabh Feek Fikaanae Janam Marai Fir Aavaigo ||5||	But without the Naam, they are all bland and insipid. They are born, only to die again, in the cycle of reincarnation. ||5||	(ਪਰਮਾਤਮਾ ਦੇ) ਨਾਮ ਤੋਂ ਬਿਨਾ (ਇਹ) ਸਾਰੇ (ਉੱਦਮ) ਬਿਲਕੁਲ ਬੇ-ਸੁਆਦੇ ਹਨ। (ਅਜਿਹਾ ਮਨੁੱਖ ਸਦਾ) ਜੰਮਣ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ ॥੫॥
56092	1308	ਮਾਇਆ ਪਟਲ ਪਟਲ ਹੈ ਭਾਰੀ ਘਰੁ ਘੂਮਨਿ ਘੇਰਿ ਘੁਲਾਵੈਗੋ॥		Maaeiaa Pattal Pattal Hai Bhaaree Ghar Ghooman Ghaer Ghulaavaigo ||	The veil of Maya is a thick and heavy veil, a whirlpool which destroys one's home.	ਹੇ ਮੇਰੇ ਮਨ! ਮਾਇਆ (ਦੇ ਮੋਹ) ਦਾ ਪਰਦਾ ਬੜਾ ਕਰੜਾ ਪਰਦਾ ਹੈ, (ਇਸ ਮੋਹ ਦੇ ਪਰਦੇ ਦੇ ਕਾਰਨ ਮਨੁੱਖ ਲਈ ਉਸ ਦਾ) ਘਰ ਘੁੰਮਣ-ਘੇਰੀ ਬਣ ਜਾਂਦਾ ਹੈ, (ਇਸ ਵਿਚ ਡੁੱਬਣ ਤੋਂ ਬਚਣ ਲਈ ਸਾਰੀ ਉਮਰ ਮਨੁੱਖ) ਘੋਲ ਕਰਦਾ ਹੈ।

56093	1308	ਪਾਪ ਬਿਕਾਰ ਮਨੂਰ ਸਭਿ ਭਾਰੇ ਬਿਖੁ ਦੁਤਰੁ ਤਰਿਓ ਨ ਜਾਵੈਗੋ॥੬॥	ਦੁੱਤ-ਰੁ	Paap Bikaar Manoor Sabh Bhaarae Bikh Dhuthar Thariou N Jaavaigo ||6||	Sins and corrupt vices are totally heavy, like rusted slag. They will not let you cross over the poisonous and treacherous world-ocean. ||6||	(ਮੋਹ ਵਿਚ ਫਸ ਦੇ ਕੀਤੇ ਹੋਏ) ਪਾਪ ਵਿਕਾਰ ਸੜੇ ਹੋਏ ਲੋਹੇ ਵਰਗੇ ਭਾਰੇ (ਬੋਝ) ਬਣ ਜਾਂਦੇ ਹਨ, (ਇਹਨਾਂ ਦੇ ਕਾਰਨ) ਆਤਮਕ ਮੌਤ ਲਿਆਉਣ ਵਾਲੇ ਜ਼ਹਰ-ਰੂਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘਣਾ ਔਖਾ ਹੋ ਜਾਂਦਾ ਹੈ, (ਮਾਇਆ-ਵੇੜ੍ਹੇ ਮਨੁੱਖ ਪਾਸੋਂ ਉਸ ਵਿਚੋਂ) ਪਾਰ ਨਹੀਂ ਲੰਘਿਆ ਜਾ ਸਕਦਾ ॥੬॥
56094	1308	ਭਉ ਬੈਰਾਗੁ ਭਇਆ ਹੈ ਬੋਹਿਥੁ ਗੁਰੁ ਖੇਵਟੁ ਸਬਦਿ ਤਰਾਵੈਗੋ॥		Bho Bairaag Bhaeiaa Hai Bohithh Gur Khaevatt Sabadh Tharaavaigo ||	Let the Fear of God and neutral detachment be the boat; the Guru is the Boatman, who carries us across in the Word of the Shabad.	ਹੇ ਮੇਰੇ ਮਨ! (ਹਿਰਦੇ ਵਿਚ ਪਰਮਾਤਮਾ ਦਾ) ਅਦਬ ਅਤੇ ਪਿਆਰ (ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ) ਜਹਾਜ਼ ਬਣ ਜਾਂਦਾ ਹੈ (ਜਿਸ ਮਨੁੱਖ ਦੇ ਅੰਦਰ ਪਿਆਰ ਹੈ ਡਰ ਹੈ, ਉਸ ਨੂੰ) ਗੁਰੂ ਮਲਾਹ (ਆਪਣੇ) ਸ਼ਬਦ ਦੀ ਰਾਹੀਂ ਪਾਰ ਲੰਘਾ ਲੈਂਦਾ ਹੈ।
56095	1308	ਰਾਮ ਨਾਮੁ ਹਰਿ ਭੇਟੀਐ ਹਰਿ ਰਾਮੈ ਨਾਮਿ ਸਮਾਵੈਗੋ॥੭॥		Raam Naam Har Bhaetteeai Har Raamai Naam Samaavaigo ||7||	Meeting with the Lord, the Name of the Lord, merge in the Lord, the Name of the Lord. ||7||	ਪਰਮਾਤਮਾ ਦਾ ਨਾਮ (ਜਪ ਕੇ) ਪਰਮਾਤਮਾ ਨੂੰ ਮਿਲ ਸਕੀਦਾ ਹੈ; (ਜਿਸ ਮਨੁੱਖ ਦੇ ਅੰਦਰ ਅਦਬ ਤੇ ਪਿਆਰ ਹੈ, ਉਹ) ਸਦਾ ਪ੍ਰਭੂ ਦੇ ਨਾਮ ਵਿਚ ਲੀਨ ਰਹਿੰਦਾ ਹੈ ॥੭॥

56096	1308	ਅਗਿਆਨਿ ਲਾਇ ਸਵਾਲਿਆ ਗੁਰ ਗਿਆਨੈ ਲਾਇ ਜਗਾਵੈਗੋ॥		Agiaan Laae Savaaliaa Gur Giaanai Laae Jagaavaigo ||	Attached to ignorance, people are falling asleep; attached to the Guru's spiritual wisdom, they awaken.	(ਪਰਮਾਤਮਾ ਕਦੇ ਜੀਵ ਨੂੰ) ਅਗਿਆਨਤਾ ਵਿਚ ਫਸਾ ਕੇ (ਮਾਇਆ ਦੇ ਮੋਹ ਦੀ ਨੀਂਦ ਵਿਚ) ਸੰਵਾਈ ਰੱਖਦਾ ਹੈ, ਕਦੇ ਗੁਰੂ ਦੀ ਬਖ਼ਸ਼ੀ ਹੋਈ ਆਤਮਕ ਸੂਝ ਵਿਚ ਟਿਕਾ ਕੇ (ਉਸ ਨੀਂਦ ਤੋਂ) ਜਗਾ ਦੇਂਦਾ ਹੈ,
56097	1308	ਨਾਨਕ ਭਾਣੈ ਆਪਣੈ ਜਿਉ ਭਾਵੈ ਤਿਵੈ ਚਲਾਵੈਗੋ॥੮॥੧॥		Naanak Bhaanai Aapanai Jio Bhaavai Thivai Chalaavaigo ||8||1||	O Nanak, by His Will, He makes us walk as He pleases. ||8||1||	ਹੇ ਨਾਨਕ! ਜਿਵੇਂ ਪਰਮਾਤਮਾ ਦੀ ਰਜ਼ਾ ਹੁੰਦੀ ਹੈ ਤਿਵੇਂ ਹੀ (ਜੀਵ ਨੂੰ ਜੀਵਨ ਰਾਹ ਤੇ) ਤੋਰਦਾ ਹੈ ॥੮॥੧॥
56098	1308	ਕਾਨੜਾ ਮਹਲਾ ੪॥		Kaanarraa Mehalaa 4 ||	Kaanraa, Fourth Mehl:	
56099	1308	ਜਪਿ ਮਨ ਹਰਿ ਹਰਿ ਨਾਮੁ ਤਰਾਵੈਗੋ॥	ਤਰਾਵੈ-ਗੋ	Jap Man Har Har Naam Tharaavaigo ||	O mind, chant the Name of the Lord, Har, Har, and be carried across.	ਹੇ (ਮੇਰੇ) ਮਨ! ਪਰਮਾਤਮਾ ਦਾ ਨਾਮ ਜਪਿਆ ਕਰ, ਹਰਿ-ਨਾਮ (ਮਨੁੱਖ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ।

56100	1308	ਜੋ ਜੋ ਜਪੈ ਸੋਈ ਗਤਿ ਪਾਵੈ ਜਿਉ ਧ੍ਰੂ ਪ੍ਰਹਿਲਾਦੁ ਸਮਾਵੈਗੋ॥੧॥ਰਹਾਉ ॥		Jo Jo Japai Soee Gath Paavai Jio Dhhroo Prehilaadh Samaavaigo ||1|| Rehaao ||	Whoever chants and meditates on it is emancipated. Like Dhroo and Prahlaad, they merge in the Lord. ||1||Pause||	ਜਿਹੜਾ ਜਿਹੜਾ ਮਨੁੱਖ ਹਰਿ-ਨਾਮ ਜਪਦਾ ਹੈ, ਉਹ ਹੀ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ (ਤੇ, ਪਰਮਾਤਮਾ ਵਿਚ ਹੀ ਲੀਨ ਹੋ ਜਾਂਦਾ ਹੈ) ਜਿਵੇਂ ਧ੍ਰੂ ਅਤੇ ਪ੍ਰਹਿਲਾਦ (ਆਪੋ ਆਪਣੇ ਸਮੇ ਪ੍ਰਭੂ ਵਿਚ) ਲੀਨ ਹੁੰਦਾ ਰਿਹਾ ਹੈ ॥੧॥ ਰਹਾਉ ॥
56101	1309	ਕ੍ਰਿਪਾ ਕ੍ਰਿਪਾ ਕ੍ਰਿਪਾ ਕਰਿ ਹਰਿ ਜੀਉ ਕਰਿ ਕਿਰਪਾ ਨਾਮਿ ਲਗਾਵੈਗੋ॥		Kirapaa Kirapaa Kirapaa Kar Har Jeeo Kar Kirapaa Naam Lagaavaigo ||	Mercy, mercy, mercy - O Dear Lord, please shower Your Mercy on me, and attach me to Your Name.	ਹੇ ਪ੍ਰਭੂ ਜੀ! ਮਿਹਰ ਕਰ, ਮਿਹਰ ਕਰ, ਮਿਹਰ ਕਰ, (ਤੇ, ਆਪਣੇ ਨਾਮ ਵਿਚ ਜੋੜੀ ਰੱਖ। ਪਰਮਾਤਮਾ ਆਪ ਹੀ) ਮਿਹਰ ਕਰ ਕੇ (ਜੀਵ ਨੂੰ ਆਪਣੇ) ਨਾਮ ਵਿਚ ਜੋੜਦਾ ਹੈ।
56102	1309	ਕਰਿ ਕਿਰਪਾ ਸਤਿਗੁਰੂ ਮਿਲਾਵਹੁ ਮਿਲਿ ਸਤਿਗੁਰ ਨਾਮੁ ਧਿਆਵੈਗੋ॥੧॥		Kar Kirapaa Sathiguroo Milaavahu Mil Sathigur Naam Dhhiaavaigo ||1||	Please be Merciful, and lead me to meet the True Guru; meeting the True Guru, I meditate on the Naam, the Name of the Lord. ||1||	ਹੇ ਪ੍ਰਭੂ ਜੀ! ਮਿਹਰ ਕਰ ਕੇ ਗੁਰੂ ਮਿਲਾਵੋ। ਗੁਰੂ ਨੂੰ ਮਿਲ ਕੇ ਹੀ (ਜੀਵ ਤੇਰਾ) ਨਾਮ ਸਿਮਰ ਸਕਦਾ ਹੈ ॥੧॥

56103	1309	ਜਨਮ ਜਨਮ ਕੀ ਹਉਮੈ ਮਲੁ ਲਾਗੀ ਮਿਲਿ ਸੰਗਤਿ ਮਲੁ ਲਹਿ ਜਾਵੈਗੋ॥		Janam Janam Kee Houmai Mal Laagee Mil Sangath Mal Lehi Jaavaigo ||	The filth of egotism from countless incarnations sticks to me; joining the Sangat, the Holy Congregation, this filth is washed away.	(ਜੀਵ ਨੂੰ) ਅਨੇਕਾਂ ਜਨਮਾਂ ਦੀ ਹਉਮੈ ਦੀ ਮੈਲ ਚੰਬੜੀ ਆਉਂਦੀ ਹੈ, ਸਾਧ ਸੰਗਤ ਵਿਚ ਮਿਲ ਕੇ ਇਹ ਮੈਲ ਲਹਿ ਜਾਂਦੀ ਹੈ।
56104	1309	ਜਿਉ ਲੋਹਾ ਤਰਿਓ ਸੰਗਿ ਕਾਸਟ ਲਗਿ ਸਬਦਿ ਗੁਰੂ ਹਰਿ ਪਾਵੈਗੋ॥੨॥		Jio Lohaa Thariou Sang Kaasatt Lag Sabadh Guroo Har Paavaigo ||2||	As iron is carried across if it is attached to wood, one who is attached to the Word of the Guru's Shabad finds the Lord. ||2||	ਜਿਵੇਂ ਲੋਹਾ ਕਾਠ (ਦੀ ਬੇੜੀ) ਨਾਲ ਲੱਗ ਕੇ (ਨਦੀ ਤੋਂ) ਪਾਰ ਲੰਘ ਜਾਂਦਾ ਹੈ, ਤਿਵੇਂ ਗੁਰੂ ਦੇ ਸ਼ਬਦ ਵਿਚ ਜੁੜ ਕੇ (ਮਨੁੱਖ) ਪਰਮਾਤਮਾ ਨੂੰ ਮਿਲ ਪੈਂਦਾ ਹੈ ॥੨॥
56105	1309	ਸੰਗਤਿ ਸੰਤ ਮਿਲਹੁ ਸਤਸੰਗਤਿ ਮਿਲਿ ਸੰਗਤਿ ਹਰਿ ਰਸੁ ਆਵੈਗੋ॥		Sangath Santh Milahu Sathasangath Mil Sangath Har Ras Aavaigo ||	Joining the Society of the Saints, joining the Sat Sangat, the True Congregation, you shall come to receive the Sublime Essence of the Lord.	ਸੰਤ ਜਨਾਂ ਦੀ ਸੰਗਤ ਸਾਧ ਸੰਗਤ ਵਿਚ ਮਿਲ ਬੈਠਿਆ ਕਰੋ, ਸਾਧ ਸੰਗਤ ਵਿਚ ਮਿਲ ਕੇ ਪਰਮਾਤਮਾ ਦੇ ਨਾਮ ਦਾ ਆਨੰਦ ਆਉਣ ਲੱਗ ਪੈਂਦਾ ਹੈ।

56106	1309	ਬਿਨੁ ਸੰਗਤਿ ਕਰਮ ਕਰੈ ਅਭਿਮਾਨੀ ਕਢਿ ਪਾਣੀ ਚੀਕੜੁ ਪਾਵੈਗੋ॥੩॥		Bin Sangath Karam Karai Abhimaanee Kadt Paanee Cheekarr Paavaigo ||3||	But not joining the Sangat, and committing actions in egotistical pride, is like drawing out clean water, and throwing it in the mud. ||3||	ਪਰ ਅਹੰਕਾਰੀ ਮਨੁੱਖ ਸਾਧ ਸੰਗਤ ਤੋਂ ਵਾਂਜਿਆ ਰਹਿ ਕੇ (ਹੋਰ ਹੋਰ) ਕਰਮ ਕਰਦਾ ਹੈ, (ਅਜਿਹਾ ਮਨੁੱਖ ਆਪਣੇ ਭਾਂਡੇ ਵਿਚੋਂ) ਪਾਣੀ ਕੱਢ ਕੇ (ਉਸ ਵਿਚ) ਚਿੱਕੜ ਪਾਈ ਜਾ ਰਿਹਾ ਹੈ ॥੩॥
56107	1309	ਭਗਤ ਜਨਾ ਕੇ ਹਰਿ ਰਖਵਾਰੇ ਜਨ ਹਰਿ ਰਸੁ ਮੀਠ ਲਗਾਵੈਗੋ॥		Bhagath Janaa Kae Har Rakhavaarae Jan Har Ras Meeth Lagaavaigo ||	The Lord is the Protector and Saving Grace of His humble devotees. The Lord's Sublime Essence seems so sweet to these humble beings.	ਪ੍ਰਭੂ ਜੀ ਆਪਣੇ ਭਗਤਾਂ ਦੇ ਆਪ ਰਾਖੇ ਬਣੇ ਰਹਿੰਦੇ ਹਨ, (ਤਾਹੀਏਂ) ਭਗਤ ਜਨਾਂ ਨੂੰ ਹਰਿ-ਨਾਮ ਦਾ ਰਸ ਮਿੱਠਾ ਲੱਗਦਾ ਹੈ।
56108	1309	ਖਿਨੁ ਖਿਨੁ ਨਾਮੁ ਦੇਇ ਵਡਿਆਈ ਸਤਿਗੁਰ ਉਪਦੇਸਿ ਸਮਾਵੈਗੋ॥੪॥	ਦੇ-ਇ	Khin Khin Naam Dhaee Vaddiaaee Sathigur Oupadhaes Samaavaigo ||4||	Each and every instant, they are blessed with the Glorious Greatness of the Naam; through the Teachings of the True Guru, they are absorbed in Him. ||4||	ਪ੍ਰਭੂ (ਆਪਣੇ ਭਗਤਾਂ ਨੂੰ) ਹਰੇਕ ਖਿਨ (ਜਪਣ ਲਈ ਆਪਣਾ) ਨਾਮ ਦੇਂਦਾ ਹੈ (ਨਾਮ ਦੀ) ਵਡਿਆਈ ਦੇਂਦਾ ਹੈ। ਭਗਤ ਗੁਰੂ ਦੇ ਉਪਦੇਸ਼ (ਸ਼ਬਦ) ਵਿਚ ਲੀਨ ਹੋਇਆ ਰਹਿੰਦਾ ਹੈ ॥੪॥

56109	1309	ਭਗਤ ਜਨਾ ਕਉ ਸਦਾ ਨਿਵਿ ਰਹੀਐ ਜਨ ਨਿਵਹਿ ਤਾ ਫਲ ਗੁਨ ਪਾਵੈਗੋ॥		Bhagath Janaa Ko Sadhaa Niv Reheeai Jan Nivehi Thaa Fal Gun Paavaigo ||	Bow forever in deep respect to the humble devotees; if you bow to those humble beings, you shall obtain the fruit of virtue.	ਪ੍ਰਭੂ ਦੇ ਭਗਤਾਂ ਅੱਗੇ ਸਦਾ ਸਿਰ ਨਿਵਾਣਾ ਚਾਹੀਦਾ ਹੈ, ਭਗਤ ਜਨ (ਆਪ ਭੀ) ਨਿਮ੍ਰਤਾ ਵਿਚ ਰਹਿੰਦੇ ਹਨ। (ਜਦੋਂ ਮਨੁੱਖ ਨਿਉਂਦਾ ਹੈ) ਤਦੋਂ (ਹੀ) ਆਤਮਕ ਗੁਣਾਂ ਦਾ ਫਲ ਪ੍ਰਾਪਤ ਕਰਦਾ ਹੈ।
56110	1309	ਜੋ ਨਿੰਦਾ ਦੁਸਟ ਕਰਹਿ ਭਗਤਾ ਕੀ ਹਰਨਾਖਸ ਜਿਉ ਪਚਿ ਜਾਵੈਗੋ॥੫॥		Jo Nindhaa Dhusatt Karehi Bhagathaa Kee Haranaakhas Jio Pach Jaavaigo ||5||	Those wicked enemies who slander the devotees are destroyed, like Harnaakhash. ||5||	ਜਿਹੜੇ ਭੈੜੇ ਮਨੁੱਖ ਭਗਤ ਜਨਾਂ ਦੀ ਨਿੰਦਾ ਕਰਦੇ ਹਨ (ਉਹ ਆਪ ਹੀ ਖ਼ੁਆਰ ਹੁੰਦੇ ਹਨ। ਨਿੰਦਕ ਮਨੁੱਖ ਸਦਾ) ਹਰਨਾਖਸ ਵਾਂਗ ਖ਼ੁਆਰ ਹੁੰਦਾ ਹੈ ॥੫॥
56111	1309	ਬ੍ਰਹਮ ਕਮਲ ਪੁਤੁ ਮੀਨ ਬਿਆਸਾ ਤਪੁ ਤਾਪਨ ਪੂਜ ਕਰਾਵੈਗੋ॥	ਮਛੋਦ੍ਰੀ ਦਾ ਸਪੂਤ (ਬਿਆਸਾ) ਬਿਆਸ। ਪੁੱਤੁ: ਦੇਲ੍ਹੀ ਦੀਵਾ ਸਬਦ ਹੈ, ਅਰਥ ਕਰਨ ਵੇਲੇ ਅੱਗੇ ਪਿੱਛੇ ਦੋਨੋਂ ਪਾਸੇ ਲਗੇਗਾ– ਬ੍ਰਹਮ ਕਮਲ ਪੁਤੁ, ਪੁਤੁ ਮੀਨ ਬਿਆਸਾ	Breham Kamal Puth Meen Biaasaa Thap Thaapan Pooj Karaavaigo ||	Brahma, the son of the lotus, and Vyaas, the son of the fish, practiced austere penance and were worshipped.	ਬ੍ਰਹਮਾ ਕੌਲ-ਨਾਭੀ ਵਿਚੋਂ ਜੰਮਿਆ ਮੰਨਿਆ ਜਾਂਦਾ ਹੈ, ਬਿਆਸ ਮੱਛੀ (ਮਛੋਦਰੀ) ਦਾ ਪੁਤ ਕਿਹਾ ਜਾਂਦਾ ਹੈ (ਪਰ ਇਤਨੇ ਨੀਵੇਂ ਥਾਂ ਤੋਂ ਜੰਮੇ ਮੰਨੇ ਜਾ ਕੇ ਭੀ, ਪਰਮਾਤਮਾ ਦੀ ਭਗਤੀ ਦਾ) ਤਪ ਕਰਨ ਦੇ ਕਾਰਨ (ਬ੍ਰਹਮਾ ਭੀ ਤੇ ਬਿਆਸ ਭੀ ਜਗਤ ਵਿਚ ਆਪਣੀ) ਪੂਜਾ ਕਰਾ ਰਿਹਾ ਹੈ।

56112	1309	ਜੋ ਜੋ ਭਗਤੁ ਹੋਇ ਸੋ ਪੂਜਹੁ ਭਰਮਨ ਭਰਮੁ ਚੁਕਾਵੈਗੋ॥੬॥		Jo Jo Bhagath Hoe So Poojahu Bharaman Bharam Chukaavaigo ||6||	Whoever is a devotee - worship and adore that person. Get rid of your doubts and superstitions. ||6||	ਜਿਹੜਾ ਜਿਹੜਾ ਭੀ ਕੋਈ ਭਗਤ ਬਣਦਾ ਹੈ, ਉਸ ਦਾ ਆਦਰ ਸਤਕਾਰ ਕਰੋ। (ਭਗਤ ਜਨਾਂ ਦਾ ਸਤਕਾਰ) ਵੱਡੀ ਤੋਂ ਵੱਡੀ ਭਟਕਣਾ ਦੂਰ ਕਰ ਦੇਂਦਾ ਹੈ ॥੬॥
56113	1309	ਜਾਤ ਨਜਾਤਿ ਦੇਖਿ ਮਤ ਭਰਮਹੁ ਸੁਕ ਜਨਕ ਪਗੀਂ ਲਗਿ ਧਿਆਵੈਗੋ॥	ਨਜਾਤਿ: ਨੀਵੀਂ ਜ਼ਾਤ। ਪਗੀਂ: ਪੋਲਾ ਬੋਲੋ	Jaath Najaath Dhaekh Math Bharamahu Suk Janak Pageen Lag Dhhiaavaigo ||	Do not be fooled by appearances of high and low social class. Suk Dayv bowed at the feet of Janak, and meditated.	ਉੱਚੀ ਤੋਂ ਉੱਚੀ ਜਾਤਿ ਵੇਖ ਕੇ (ਭੀ) ਭੁਲੇਖਾ ਨਾਹ ਖਾ ਜਾਓ (ਕਿ ਭਗਤੀ ਉੱਚੀ ਜਾਤਿ ਦਾ ਹੱਕ ਹੈ। ਵੇਖੋ) ਸੁਕਦੇਵ (ਬ੍ਰਾਹਮਣ ਰਾਜਾ) ਜਨਕ ਦੀ ਪੈਰੀਂ ਲੱਗ ਕੇ ਨਾਮ ਸਿਮਰ ਰਿਹਾ ਹੈ (ਸਿਮਰਨ ਦੀ ਜਾਚ ਸਿੱਖ ਰਿਹਾ ਹੈ।)
56114	1309	ਜੂਠਨ ਜੂਠਿ ਪਈ ਸਿਰ ਊਪਰਿ ਖਿਨੁ ਮਨੂਆ ਤਿਲੁ ਨ ਡੁਲਾਵੈਗੋ॥੭॥	(ਜੂਠਨ) ਰਸੋਈ ਦੀ (ਜੂਠਿ) ਪੱਤਲਾਂ	Joothan Jooth Pee Sir Oopar Khin Manooaa Thil N Ddulaavaigo ||7||	Even though Janak threw his left-overs and garbage on Suk Dayv's head, his mind did not waver, even for an instant. ||7||	(ਜਦੋਂ ਉਹ ਜਨਕ ਪਾਸ ਭਗਤੀ ਦੀ ਸਿੱਖਿਆ ਲੈਣ ਆਇਆ, ਲੰਗਰ ਵਰਤਾਇਆ ਜਾ ਰਿਹਾ ਸੀ। ਸੁਕਦੇਵ ਨੂੰ ਬਾਹਰ ਹੀ ਖੜਾ ਕਰ ਦਿੱਤਾ ਗਿਆ। ਲੰਗਰ ਛਕ ਰਹੇ ਲੋਕਾਂ ਦੀਆਂ ਪੱਤਲਾਂ ਦੀ) ਸਾਰੀ ਜੂਠ (ਸੁਕਦੇਵ ਦੇ) ਸਿਰ ਉੱਤੇ ਪਈ (ਵੇਖੋ, ਫਿਰ ਭੀ ਸੁਕਦੇਵ ਬ੍ਰਾਹਮਣ ਹੁੰਦਿਆਂ ਭੀ ਆਪਣੇ) ਮਨ ਨੂੰ ਇਕ ਖਿਨ ਵਾਸਤੇ ਭੀ ਡੋਲਣ ਨਹੀਂ ਦੇ ਰਿਹਾ ॥੭॥

56115	1309	ਜਨਕ ਜਨਕ ਬੈਠੇ ਸਿੰਘਾਸਨਿ ਨਉ ਮੁਨੀ ਧੂਰਿ ਲੈ ਲਾਵੈਗੋ॥		Janak Janak Baithae Singhaasan No Munee Dhhoor Lai Laavaigo ||	Janak sat upon his regal throne, and applied the dust of the nine sages to his forehead.	ਅਨੇਕਾਂ ਜਨਕ (ਆਪਣੀ ਵਾਰੀ ਜਿਸ) ਰਾਜ-ਗੱਦੀ ਉਤੇ ਬੈਠਣ ਆ ਰਹੇ ਸਨ (ਉਸ ਉਤੇ ਬੈਠਾ ਹੋਇਆ ਉਸੇ ਖ਼ਾਨਦਾਨ ਦਾ ਭਗਤ ਰਾਜਾ ਜਨਕ ਰਾਜਾ ਹੁੰਦਿਆਂ ਭੀ ਭਗਤੀ ਕਰਨ ਵਾਲੇ) ਨੌ ਰਿਸ਼ੀਆਂ ਦੀ ਚਰਨ-ਧੂੜ (ਆਪਣੇ ਮੱਥੇ ਉੱਤੇ) ਲਾ ਰਿਹਾ ਹੈ।
56116	1309	ਨਾਨਕ ਕ੍ਰਿਪਾ ਕ੍ਰਿਪਾ ਕਰਿ ਠਾਕੁਰ ਮੈ ਦਾਸਨਿ ਦਾਸ ਕਰਾਵੈਗੋ॥੮॥੨॥		Naanak Kirapaa Kirapaa Kar Thaakur Mai Dhaasan Dhaas Karaavaigo ||8||2||	Please shower Nanak with your Mercy, O my Lord and Master; make him the slave of Your slaves. ||8||2||	ਹੇ ਠਾਕੁਰ! (ਮੇਰੇ) ਨਾਨਕ ਉਤੇ ਮਿਹਰ ਕਰ, ਮਿਹਰ ਕਰ, (ਮੈਨੂੰ ਆਪਣਾ ਕੋਈ ਭਗਤ ਮਿਲਾ ਦੇਹ, ਜਿਹੜਾ) ਮੈਨੂੰ ਤੇਰੇ ਦਾਸਾਂ ਦਾ ਦਾਸ ਬਣਾ ਲਏ ॥੮॥੨॥
56117	1309	ਕਾਨੜਾ ਮਹਲਾ ੪॥		Kaanarraa Mehalaa 4 ||	Kaanraa, Fourth Mehl:	
56118	1309	ਮਨੁ ਗੁਰਮਤਿ ਰਸਿ ਗੁਨ ਗਾਵੈਗੋ॥		Man Guramath Ras Gun Gaavaigo ||	O mind,follow the Guru's Teachings,and joyfully sing God's Praises.	(ਜਿਸ ਮਨੁੱਖ ਦਾ) ਮਨ ਗੁਰੂ ਦੀ ਮੱਤ (ਲੈ ਕੇ) ਸੁਆਦ ਨਾਲ (ਪਰਮਾਤਮਾ ਦੇ) ਗੁਣ ਗਾਣ ਲੱਗ ਪੈਂਦਾ ਹੈ,

56119	1309	ਜਿਹਵਾ ਏਕ ਹੋਇ ਲਖ ਕੋਟੀ ਲਖ ਕੋਟੀ ਕੋਟਿ ਧਿਆਵੈਗੋ॥੧॥ਰਹਾਉ॥		Jihavaa Eaek Hoe Lakh Kottee Lakh Kottee Kott Dhhiaavaigo ||1|| Rehaao ||	If my one tongue became hundreds of thousands and millions, I would meditate on Him millions and millions of times. ||1||Pause||	(ਉਸ ਦੇ ਅੰਦਰ ਇਤਨਾ ਪਿਆਰ ਜਾਗਦਾ ਹੈ ਕਿ ਉਸ ਦੀ) ਜੀਭ ਇਕ ਤੋਂ (ਮਾਨੇ) ਲੱਖਾਂ ਕ੍ਰੋੜਾਂ ਬਣ ਕੇ (ਨਾਮ) ਜਪਣ ਲੱਗ ਪੈਂਦੀ ਹੈ (ਨਾਮ ਜਪਦੀ ਥੱਕਦੀ ਹੀ ਨਹੀਂ) ॥੧॥ ਰਹਾਉ ॥
56120	1309	ਸਹਸ ਫਨੀ ਜਪਿਓ ਸੇਖਨਾਗੈ ਹਰਿ ਜਪਤਿਆ ਅੰਤੁ ਨ ਪਾਵੈਗੋ॥		Sehas Fanee Japiou Saekhanaagai Har Japathiaa Anth N Paavaigo ||	The serpent king chants and meditates on the Lord with his thousands of heads, but even by these chants, he cannot find the Lord's limits.	(ਉਸ ਆਤਮਕ ਆਨੰਦ ਦੇ ਪ੍ਰੇਰੇ ਹੋਏ ਹੀ) ਸ਼ੇਸ਼ਨਾਗ ਨੇ (ਆਪਣੀ ਹਜ਼ਾਰ) ਫ਼ਨ ਨਾਲ (ਸਦਾ ਹਰਿ-ਨਾਮ) ਜਪਿਆ ਹੈ। ਪਰ ਹੇ, ਭਾਈ! ਪਰਮਾਤਮਾ ਦਾ ਨਾਮ ਜਪਦਿਆਂ ਕੋਈ ਪਰਮਾਤਮਾ (ਦੇ ਗੁਣਾਂ) ਦਾ ਅੰਤ ਨਹੀਂ ਲੱਭ ਸਕਦਾ।
56121	1309	ਤੂ ਅਥਾਹੁ ਅਤਿ ਅਗਮੁ ਅਗਮੁ ਹੈ ਮਤਿ ਗੁਰਮਤਿ ਮਨੁ ਠਹਰਾਵੈਗੋ॥੧॥		Thoo Athhaahu Ath Agam Agam Hai Math Guramath Man Theharaavaigo ||1||	You are Utterly Unfathomable, Inaccessible and Infinite. Through the Wisdom of the Guru's Teachings, the mind becomes steady and balanced. ||1||	ਹੇ ਪ੍ਰਭੂ! ਤੂੰ ਅਥਾਹ (ਸਮੁੰਦਰ) ਹੈਂ, ਤੂੰ ਸਦਾ ਹੀ ਅਪਹੁੰਚ ਹੈਂ। ਗੁਰੂ ਦੀ ਮੱਤ ਦੀ ਰਾਹੀਂ (ਨਾਮ ਜਪਣ ਵਾਲੇ ਮਨੁੱਖ ਦਾ) ਮਨ ਭਟਕਣੋਂ ਹਟ ਜਾਂਦਾ ਹੈ ॥੧॥

56122	1309	ਜਿਨ ਤੂ ਜਪਿਓ ਤੇਈ ਜਨ ਨੀਕੇ ਹਰਿ ਜਪਤਿਅਹੁ ਕਉ ਸੁਖੁ ਪਾਵੈਗੋ॥		Jin Thoo Japiou Thaeee Jan Neekae Har Japathiahu Ko Sukh Paavaigo ||	Those humble beings who meditate on You are noble and exalted. Meditating on the Lord, they are at peace.	ਹੇ ਪ੍ਰਭੂ! ਜਿਹੜੇ ਮਨੁੱਖਾਂ ਨੇ ਤੈਨੂੰ ਜਪਿਆ ਹੈ, ਉਹੀ ਮਨੁੱਖ ਚੰਗੇ (ਜੀਵਨ ਵਾਲੇ) ਬਣੇ ਹਨ। ਨਾਮ ਜਪਣ ਵਾਲਿਆਂ ਨੂੰ ਹਰੀ (ਆਤਮਕ) ਆਨੰਦ ਬਖ਼ਸ਼ਦਾ ਹੈ।
56123	1309	ਬਿਦਰ ਦਾਸੀ ਸੁਤੁ ਛੋਕ ਛੋਹਰਾ ਕ੍ਰਿਸਨੁ ਅੰਕਿ ਗਲਿ ਲਾਵੈਗੋ॥੨॥	(ਛੋਕ) ਸੂਦਰ। (ਛੋਹਰਾ) ਸਭ ਤੋਂ ਛੋਟਾ, ਦਾਸਨ ਦਾਸ	Bidhar Dhaasee Suth Shhok Shhoharaa Kirasan Ank Gal Laavaigo ||2||	Bidur, the son of a slave-girl, was an untouchable, but Krishna hugged him close in His Embrace. ||2||	(ਵੇਖੋ, ਇਕ) ਦਾਸੀ ਦਾ ਪੁੱਤਰ ਬਿਦਰ ਛੋਕਰਾ ਜਿਹਾ ਹੀ ਸੀ, (ਪਰ ਨਾਮ ਜਪਣ ਦੀ ਬਰਕਤਿ ਨਾਲ) ਕ੍ਰਿਸਨ ਉਸ ਨੂੰ ਛਾਤੀ ਨਾਲ ਲਾ ਰਿਹਾ ਹੈ, ਗਲ ਨਾਲ ਲਾ ਰਿਹਾ ਹੈ ॥੨॥
56124	1309	ਜਲ ਤੇ ਓਪਤਿ ਭਈ ਹੈ ਕਾਸਟ ਕਾਸਟ ਅੰਗਿ ਤਰਾਵੈਗੋ॥		Jal Thae Oupath Bhee Hai Kaasatt Kaasatt Ang Tharaavaigo ||	Wood is produced from water, but by holding onto wood, one is saved from drowning.	ਪਾਣੀ ਤੋਂ ਕਾਠ ਦੀ ਉਤਪੱਤੀ ਹੁੰਦੀ ਹੈ (ਇਸ ਲਾਜ ਨੂੰ ਪਾਲਣ ਲਈ ਪਾਣੀ ਉਸ) ਕਾਠ ਨੂੰ (ਆਪਣੀ ਛਾਤੀ ਉੱਤੇ ਰੱਖੀ ਰੱਖਦਾ ਹੈ) ਤਰਾਂਦਾ ਰਹਿੰਦਾ ਹੈ (ਡੁੱਬਣ ਨਹੀਂ ਦੇਂਦਾ)।
56125	1309	ਰਾਮ ਜਨਾ ਹਰਿ ਆਪਿ ਸਵਾਰੇ ਅਪਨਾ ਬਿਰਦੁ ਰਖਾਵੈਗੋ॥੩॥		Raam Janaa Har Aap Savaarae Apanaa Biradh Rakhaavaigo ||3||	The Lord Himself embellishes and exalts His humble servants; He confirms His Innate Nature. ||3||	(ਇਸੇ ਤਰ੍ਹਾਂ) ਪਰਮਾਤਮਾ ਆਪਣੇ ਸੇਵਕਾਂ ਨੂੰ ਆਪ ਸੋਹਣੇ ਜੀਵਨ ਵਾਲਾ ਬਣਾਂਦਾ ਹੈ, ਆਪਣਾ ਮੁੱਢ-ਕਦੀਮਾਂ ਦਾ ਸੁਭਾਉ ਕਾਇਮ ਰੱਖਦਾ ਹੈ ॥੩॥

56126	1309	ਹਮ ਪਾਥਰ ਲੋਹ ਲੋਹ ਬਡ ਪਾਥਰ ਗੁਰ ਸੰਗਤਿ ਨਾਵ ਤਰਾਵੈਗੋ॥		Ham Paathhar Loh Loh Badd Paathhar Gur Sangath Naav Tharaavaigo ||	I am like a stone, or a piece of iron, heavy stone and iron; in the Boat of the Guru's Congregation, I am carried across,	ਅਸੀਂ ਜੀਵ ਪੱਥਰ (ਵਾਂਗ ਪਾਪਾਂ ਨਾਲ ਭਾਰੇ) ਹਾਂ, ਲੋਹੇ (ਵਾਂਗ ਵਿਕਾਰਾਂ ਨਾਲ ਭਾਰੇ) ਹਾਂ, (ਪਰ ਪ੍ਰਭੂ ਆਪ ਮਿਹਰ ਕਰ ਕੇ) ਗੁਰੂ ਦੀ ਸੰਗਤ ਵਿਚ ਰੱਖ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਂਦਾ ਹੈ (ਜਿਵੇਂ) ਬੇੜੀ (ਪੱਥਰਾਂ ਨੂੰ ਲੋਹੇ ਨੂੰ ਨਦੀ ਤੋਂ ਪਾਰ ਲੰਘਾਂਦੀ ਹੈ)।
56127	1309	ਜਿਉ ਸਤਸੰਗਤਿ ਤਰਿਓ ਜੁਲਾਹੋ ਸੰਤ ਜਨਾ ਮਨਿ ਭਾਵੈਗੋ॥੪॥		Jio Sathasangath Thariou Julaaho Santh Janaa Man Bhaavaigo ||4||	Like Kabeer the weaver, who was saved in the Sat Sangat, the True Congregation. He became pleasing to the minds of the humble Saints. ||4||	ਜਿਵੇਂ ਸਾਧ ਸੰਗਤ ਦੀ ਬਰਕਤਿ ਨਾਲ (ਕਬੀਰ) ਜੁਲਾਹਾ ਪਾਰ ਲੰਘ ਗਿਆ। ਪਰਮਾਤਮਾ ਆਪਣੇ ਸੰਤ ਜਨਾਂ ਦੇ ਮਨ ਵਿਚ (ਸਦਾ) ਪਿਆਰਾ ਲੱਗਦਾ ਹੈ ॥੪॥
56128	1309	ਖਰੇ ਖਰੋਏ ਬੈਠਤ ਊਠਤ ਮਾਰਗਿ ਪੰਥਿ ਧਿਆਵੈਗੋ॥		Kharae Kharoeae Baithath Oothath Maarag Panthh Dhhiaavaigo ||	Standing up, sitting down, rising up and walking on the path, I meditate.	(ਜਿਸ ਮਨੁੱਖ ਦਾ ਮਨ ਗੁਰੂ ਦੀ ਮੱਤ ਲੈ ਕੇ ਸੁਆਦ ਨਾਲ ਹਰਿ-ਗੁਣ ਗਾਣ ਲੱਗ ਪੈਂਦਾ ਹੈ, ਉਹ ਮਨੁੱਖ) ਖਲੇ-ਖਲੋਤਿਆਂ, ਬੈਠਦਿਆਂ, ਉੱਠਦਿਆਂ, ਰਸਤੇ ਵਿਚ (ਤੁਰਦਿਆਂ, ਹਰ ਵੇਲੇ ਪਰਮਾਤਮਾ ਦਾ ਨਾਮ) ਜਪਦਾ ਰਹਿੰਦਾ ਹੈ,

56129	1309	ਸਤਿਗੁਰ ਬਚਨ ਬਚਨ ਹੈ ਸਤਿਗੁਰ ਪਾਧਰੁ ਮੁਕਤਿ ਜਨਾਵੈਗੋ॥੫॥		Sathigur Bachan Bachan Hai Sathigur Paadhhar Mukath Janaavaigo ||5||	The True Guru is the Word, and the Word is the True Guru, who teaches the Path of Liberation. ||5||	(ਉਹ ਮਨੁੱਖ ਸਦਾ) ਗੁਰੂ ਦੇ ਬਚਨਾਂ ਵਿਚ (ਮਗਨ ਰਹਿੰਦਾ) ਹੈ, ਗੁਰੂ ਦਾ ਉਪਦੇਸ਼ (ਉਸ ਨੂੰ ਵਿਕਾਰਾਂ ਤੋਂ) ਖ਼ਲਾਸੀ ਦਾ ਸਿੱਧਾ ਰਸਤਾ ਦੱਸਦਾ ਰਹਿੰਦਾ ਹੈ ॥੫॥
56130	1309	ਸਾਸਨਿ ਸਾਸਿ ਸਾਸਿ ਬਲੁ ਪਾਈ ਹੈ ਨਿਹਸਾਸਨਿ ਨਾਮੁ ਧਿਆਵੈਗੋ॥	ਨਿਹ-ਸਾਸਨਿ	Saasan Saas Saas Bal Paaee Hai Nihasaasan Naam Dhhiaavaigo ||	By His Training, I find strength with each and every breath; now that I am trained and tamed, I meditate on the Naam, the Name of the Lord.	(ਜਿਸ ਮਨੁੱਖ ਨੂੰ ਹਰਿ-ਨਾਮ ਦੀ ਲਗਨ ਲੱਗ ਜਾਂਦੀ ਹੈ, ਉਹ ਮਨੁੱਖ ਸਾਹ ਦੇ ਹੁੰਦਿਆਂ ਹਰੇਕ ਸਾਹ ਦੇ ਨਾਲ (ਨਾਮ ਜਪ ਜਪ ਕੇ ਆਤਮਕ) ਤਾਕਤ ਹਾਸਲ ਕਰਦਾ ਰਹਿੰਦਾ ਹੈ, ਸਾਹ ਦੇ ਨਾਹ ਹੁੰਦਿਆਂ ਭੀ ਉਹ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ।
56131	1309	ਗੁਰ ਪਰਸਾਦੀ ਹਉਮੈ ਬੂਝੈ ਤਾਂ ਗੁਰਮਤਿ ਨਾਮਿ ਸਮਾਵੈਗੋ॥੬॥	ਬੂੱਝੈ	Gur Parasaadhee Houmai Boojhai Tha Guramath Naam Samaavaigo ||6||	By Guru's Grace, egotism is extinguished, and then, through the Guru's Teachings, I merge in the Naam. ||6||	(ਜਦੋਂ) ਗੁਰੂ ਦੀ ਕਿਰਪਾ ਨਾਲ (ਉਸ ਦੇ ਅੰਦਰੋਂ) (ਹਉਮੈ ਦੀ ਅੱਗ) ਬੁੱਝ ਜਾਂਦੀ ਹੈ, ਤਦੋਂ ਗੁਰੂ ਦੀ ਮੱਤ ਦੀ ਬਰਕਤਿ ਨਾਲ ਉਹ ਹਰਿ-ਨਾਮ ਵਿਚ ਲੀਨ ਰਹਿੰਦਾ ਹੈ ॥੬॥

56132	1310	ਸਤਿਗੁਰੁ ਦਾਤਾ ਜੀਅ ਜੀਅਨ ਕੋ ਭਾਗਹੀਨ ਨਹੀ ਭਾਵੈਗੋ॥		Sathigur Dhaathaa Jeea Jeean Ko Bhaageheen Nehee Bhaavaigo ||	The True Guru is the Giver of the life of the soul, but the unfortunate ones do not love Him.	ਗੁਰੂ ਸਭ ਜੀਵਾਂ ਦਾ ਆਤਮਕ ਜੀਵਨ ਦਾ ਦਾਤਾ ਹੈ, ਪਰ ਬਦ-ਕਿਸਮਤ ਮਨੁੱਖ ਨੂੰ ਗੁਰੂ ਪਿਆਰਾ ਨਹੀਂ ਲੱਗਦਾ। (ਉਹ ਗੁਰੂ ਦੀ ਸਰਨ ਪੈ ਕੇ ਆਤਮਕ ਜੀਵਨ ਦੀ ਦਾਤ ਨਹੀਂ ਲੈਂਦਾ। ਜ਼ਿੰਦਗੀ ਦਾ ਸਮਾ ਲੰਘ ਜਾਂਦਾ ਹੈ)।
56133	1310	ਫਿਰਿ ਏਹ ਵੇਲਾ ਹਾਥਿ ਨ ਆਵੈ ਪਰਤਾਪੈ ਪਛੁਤਾਵੈਗੋ॥੭॥		Fir Eaeh Vaelaa Haathh N Aavai Parathaapai Pashhuthaavaigo ||7||	This opportunity shall not come into their hands again; in the end, they will suffer in torment and regret. ||7||	ਮੁੜ ਇਹ ਸਮਾ ਹੱਥ ਨਹੀਂ ਆਉਂਦਾ, ਤਦੋਂ ਦੁੱਖੀ ਹੁੰਦਾ ਹੈ ਤੇ ਹੱਥ ਮਲਦਾ ਹੈ ॥੭॥
56134	1310	ਜੇ ਕੋ ਭਲਾ ਲੋੜੈ ਭਲ ਅਪਨਾ ਗੁਰ ਆਗੈ ਢਹਿ ਢਹਿ ਪਾਵੈਗੋ॥		Jae Ko Bhalaa Lorrai Bhal Apanaa Gur Aagai Dtehi Dtehi Paavaigo ||	If a good person seeks goodness for himself, he should bow low in humble surrender to the Guru.	ਜੇ ਕੋਈ ਮਨੁੱਖ ਆਪਣਾ ਭਲਾ ਚਾਹੁੰਦਾ ਹੈ (ਤਾਂ ਉਸ ਨੂੰ ਚਾਹੀਦਾ ਹੈ ਕਿ ਉਹ) ਗੁਰੂ ਦੇ ਦਰ ਤੇ ਆਪਾ-ਭਾਵ ਗਵਾ ਕੇ ਪਿਆ ਰਹੇ।
56135	1310	ਨਾਨਕ ਦਇਆ ਦਇਆ ਕਰਿ ਠਾਕੁਰ ਮੈ ਸਤਿਗੁਰ ਭਸਮ ਲਗਾਵੈਗੋ॥੮॥੩॥	ਦ-ਇਆ	Naanak Dhaeiaa Dhaeiaa Kar Thaakur Mai Sathigur Bhasam Lagaavaigo ||8||3||	Nanak prays: please show kindness and compassion to me, O my Lord and Master, that I may apply the dust of the True Guru to my forehead. ||8||3||	ਹੇ ਮੇਰੇ ਠਾਕੁਰ! ਨਾਨਕ ਉਤੇ ਮਿਹਰ ਕਰ, ਮਿਹਰ ਕਰ, ਮੇਰੇ ਮੱਥੇ ਉੱਤੇ ਗੁਰੂ ਦੇ ਚਰਨਾਂ ਦੀ ਧੂੜ ਲੱਗੀ ਰਹੇ ॥੮॥੩॥

56136	1310	ਕਾਨੜਾ ਮਹਲਾ ੪॥		Kaanarraa Mehalaa 4 ||	Kaanraa, Fourth Mehl:	
56137	1310	ਮਨੁ ਹਰਿ ਰੰਗਿ ਰਾਤਾ ਗਾਵੈਗੋ॥		Man Har Rang Raathaa Gaavaigo ||	O mind, be attuned to His Love, and sing.	(ਜਿਹੜਾ ਮਨੁੱਖ ਆਪਣੇ ਮਨ ਨੂੰ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਣ ਵਾਸਤੇ ਮਨ ਨੂੰ) ਗੁਰੂ ਦੀ ਮੱਤ ਦੀ ਪਾਣ ਦੇਂਦਾ ਹੈ, (ਉਸ ਦਾ) ਮਨ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਜਾਂਦਾ ਹੈ।
56138	1310	ਭੈ ਭੈ ਤ੍ਰਾਸ ਭਏ ਹੈ ਨਿਰਮਲ ਗੁਰਮਤਿ ਲਾਗਿ ਲਗਾਵੈਗੋ॥੧॥ਰਹਾਉ ॥		Bhai Bhai Thraas Bheae Hai Niramal Guramath Laag Lagaavaigo ||1|| Rehaao ||	The Fear of God makes me fearless and immaculate; I am dyed in the color of the Guru's Teachings. ||1||Pause||	(ਇਸ ਰੰਗ ਵਿਚ ਰੰਗੀਜ ਕੇ ਉਹ ਮਨੁੱਖ ਸਦਾ ਪਰਮਾਤਮਾ ਦੇ ਗੁਣ) ਗਾਂਦਾ ਰਹਿੰਦਾ ਹੈ, ਉਸ ਦੇ ਸਾਰੇ (ਮਲੀਨ) ਡਰ ਤੇ ਸਹਮ ਪਵਿੱਤਰ (ਅਦਬ-ਸਤਕਾਰ) ਬਣ ਜਾਂਦੇ ਹਨ ॥੧॥ ਰਹਾਉ ॥
56139	1310	ਹਰਿ ਰੰਗਿ ਰਾਤਾ ਸਦ ਬੈਰਾਗੀ ਹਰਿ ਨਿਕਟਿ ਤਿਨਾ ਘਰਿ ਆਵੈਗੋ॥		Har Rang Raathaa Sadh Bairaagee Har Nikatt Thinaa Ghar Aavaigo ||	Those who are attuned to the Lord's Love remain balanced and detached forever; they live near the Lord, who comes into their house.	ਪਰਮਾਤਮਾ ਦੇ ਪਿਆਰ-ਰੰਗ ਵਿਚ ਰੰਗਿਆ ਹੋਇਆ ਮਨੁੱਖ ਮਾਇਆ ਦੇ ਮੋਹ ਵਲੋਂ ਉਪਰਾਮ ਰਹਿੰਦਾ ਹੈ, ਪ੍ਰਭੂ (ਪ੍ਰੇਮ-ਰੰਗ ਵਿਚ ਰੰਗੇ ਮਨੁੱਖਾਂ ਦੇ ਸਦਾ) ਨੇੜੇ ਵੱਸਦਾ ਹੈ, ਉਹਨਾਂ ਦੇ (ਹਿਰਦੇ-) ਘਰ ਵਿਚ ਆ ਟਿਕਦਾ ਹੈ।

56140	1310	ਤਿਨ ਕੀ ਪੰਕ ਮਿਲੈ ਤਾਂ ਜੀਵਾ ਕਰਿ ਕਿਰਪਾ ਆਪਿ ਦਿਵਾਵੈਗੋ॥੧॥		Thin Kee Pank Milai Thaan Jeevaa Kar Kirapaa Aap Dhivaavaigo ||1||	If I am blessed with the dust of their feet, then I live. Granting His Grace, He Himself bestows it. ||1||	ਜੇ ਮੈਨੂੰ ਉਹਨਾਂ (ਵਡ-ਭਾਗੀ ਮਨੁੱਖਾਂ) ਦੀ ਚਰਨ-ਧੂੜ ਮਿਲੇ, ਤਾਂ ਮੈਂ ਆਤਮਕ ਜੀਵਨ ਪ੍ਰਾਪਤ ਕਰ ਲੈਂਦਾ ਹਾਂ। (ਪਰ ਇਹ ਚਰਨ-ਧੂੜ ਪ੍ਰਭੂ) ਆਪ ਹੀ ਕਿਰਪਾ ਕਰ ਕੇ ਦਿਵਾਂਦਾ ਹੈ ॥੧॥
56141	1310	ਦੁਬਿਧਾ ਲੋਭਿ ਲਗੇ ਹੈ ਪ੍ਰਾਣੀ ਮਨਿ ਕੋਰੈ ਰੰਗੁ ਨ ਆਵੈਗੋ॥		Dhubidhhaa Lobh Lagae Hai Praanee Man Korai Rang N Aavaigo ||	Mortal beings are attached to greed and duality. Their minds are unripe and unfit, and will not accept the Dye of His Love.	ਜਿਹੜੇ ਮਨੁੱਖ ਮੇਰ-ਤੇਰ ਵਿਚ ਲੋਭ ਵਿਚ ਫਸੇ ਰਹਿੰਦੇ ਹਨ, ਉਹਨਾਂ ਦੇ ਕੋਰੇ ਮਨ ਉੱਤੇ (ਪ੍ਰਭੂ ਦਾ ਪਿਆਰ-) ਰੰਗ ਨਹੀਂ ਚੜ੍ਹ ਸਕਦਾ।
56142	1310	ਫਿਰਿ ਉਲਟਿਓ ਜਨਮੁ ਹੋਵੈ ਗੁਰ ਬਚਨੀ ਗੁਰੁ ਪੁਰਖੁ ਮਿਲੈ ਰੰਗੁ ਲਾਵੈਗੋ॥੨॥		Fir Oulattiou Janam Hovai Gur Bachanee Gur Purakh Milai Rang Laavaigo ||2||	But their lives are transformed through the Word of the Guru's Teachings. Meeting with the Guru, the Primal Being, they are dyed in the color of His Love. ||2||	ਫਿਰ ਜਦੋਂ ਗੁਰੂ ਦੇ ਬਚਨਾਂ ਦੀ ਰਾਹੀਂ (ਉਹਨਾਂ ਦਾ ਮਨ ਦੁਬਿਧਾ ਲੋਭ ਆਦਿਕ ਵਲੋਂ) ਪਰਤਦਾ ਹੈ, (ਤਾਂ ਉਹਨਾਂ ਨੂੰ ਨਵਾਂ ਆਤਮਕ) ਜਨਮ ਮਿਲਦਾ ਹੈ। (ਜਿਸ ਮਨੁੱਖ ਨੂੰ) ਗੁਰੂ ਪੁਰਖ ਮਿਲ ਪੈਂਦਾ ਹੈ (ਉਸ ਦੇ ਮਨ ਨੂੰ ਪ੍ਰਭੂ-ਪਿਆਰ ਦਾ) ਰੰਗ ਚਾੜ੍ਹ ਦੇਂਦਾ ਹੈ ॥੨॥

56143	1310	ਇੰਦ੍ਰੀ ਦਸੇ ਦਸੇ ਫੁਨਿ ਧਾਵਤ ਤ੍ਰੈ ਗੁਣੀਆ ਖਿਨੁ ਨ ਟਿਕਾਵੈਗੋ॥		Eindhree Dhasae Dhasae Fun Dhhaavath Thrai Guneeaa Khin N Ttikaavaigo ||	There are ten organs of sense and action; the ten wander unrestrained. Under the influence of the three dispositions, they are not stable, even for an instant.	ਮਨੁੱਖ ਦੀਆਂ ਇਹ ਦਸੇ ਹੀ ਇੰਦ੍ਰੀਆਂ ਮੁੜ ਮੁੜ ਭਟਕਦੀਆਂ ਫਿਰਦੀਆਂ ਹਨ। (ਮਾਇਆ ਦੇ) ਤਿੰਨ ਗੁਣਾਂ ਵਿਚ ਗ੍ਰਸਿਆ ਮਨ ਰਤਾ-ਭਰ ਸਮੇ ਲਈ ਭੀ (ਇਕ ਥਾਂ) ਨਹੀਂ ਟਿਕਦਾ।
56144	1310	ਸਤਿਗੁਰ ਪਰਚੈ ਵਸਗਤਿ ਆਵੈ ਮੋਖ ਮੁਕਤਿ ਸੋ ਪਾਵੈਗੋ॥੩॥		Sathigur Parachai Vasagath Aavai Mokh Mukath So Paavaigo ||3||	Coming in contact with the True Guru, they are brought under control; then, salvation and liberation are attained. ||3||	ਜਦੋਂ ਗੁਰੂ (ਕਿਸੇ ਮਨੁੱਖ ਉੱਤੇ) ਤੁੱਠਦਾ ਹੈ ਤਾਂ ਉਸ ਦਾ ਮਨ ਵੱਸ ਵਿਚ ਆ ਜਾਂਦਾ ਹੈ, ਉਹ ਮਨੁੱਖ ਵਿਕਾਰਾਂ ਤੋਂ ਖ਼ਲਾਸੀ ਹਾਸਲ ਕਰ ਲੈਂਦਾ ਹੈ ॥੩॥
56145	1310	ਓਅੰਕਾਰਿ ਏਕੋ ਰਵਿ ਰਹਿਆ ਸਭੁ ਏਕਸ ਮਾਹਿ ਸਮਾਵੈਗੋ॥		Ouankaar Eaeko Rav Rehiaa Sabh Eaekas Maahi Samaavaigo ||	The One and Only Creator of the Universe is All-pervading everywhere. All shall once again merge into the One.	ਪਰਮਾਤਮਾ ਇਕ ਆਪ ਹੀ ਸਭ ਥਾਂ ਵਿਆਪਕ ਹੈ, ਉਸ ਇਕੋ ਸਰਬ-ਵਿਆਪਕ ਵਿਚ ਹੀ ਸਾਰਾ ਜਗਤ ਲੀਨ ਹੋ ਜਾਂਦਾ ਹੈ।

56146	1310	ਏਕੋ ਰੂਪੁ ਏਕੋ ਬਹੁ ਰੰਗੀ ਸਭੁ ਏਕਤੁ ਬਚਨਿ ਚਲਾਵੈਗੋ॥੪॥		Eaeko Roop Eaeko Bahu Rangee Sabh Eaekath Bachan Chalaavaigo ||4||	His One Form has one, and many colors; He leads all according to His One Word. ||4||	ਉਹ ਪਰਮਾਤਮਾ (ਕਦੇ) ਇਕ ਆਪ ਹੀ ਆਪ ਹੁੰਦਾ ਹੈ, ਉਹ ਆਪ ਹੀ (ਜਗਤ ਰਚ ਕੇ) ਅਨੇਕਾਂ ਰੰਗਾਂ ਵਾਲਾ ਬਣ ਜਾਂਦਾ ਹੈ। ਸਾਰੇ ਜਗਤ ਨੂੰ ਉਹ ਪ੍ਰਭੂ ਇਕ ਆਪਣੇ ਹੀ ਹੁਕਮ ਵਿਚ ਤੋਰ ਰਿਹਾ ਹੈ ॥੪॥
56147	1310	ਗੁਰਮੁਖਿ ਏਕੋ ਏਕੁ ਪਛਾਤਾ ਗੁਰਮੁਖਿ ਹੋਇ ਲਖਾਵੈਗੋ॥		Guramukh Eaeko Eaek Pashhaathaa Guramukh Hoe Lakhaavaigo ||	The Gurmukh realizes the One and Only Lord; He is revealed to the Gurmukh.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਹਰ ਥਾਂ) ਇਕ ਪਰਮਾਤਮਾ ਨੂੰ ਹੀ (ਵੱਸਦਾ) ਪਛਾਣਦਾ ਹੈ। ਗੁਰੂ ਦੇ ਸਨਮੁਖ ਹੋ ਕੇ (ਮਨੁੱਖ) ਇਹ ਭੇਤ ਸਮਝ ਲੈਂਦਾ ਹੈ।
56148	1310	ਗੁਰਮੁਖਿ ਜਾਇ ਮਿਲੈ ਨਿਜ ਮਹਲੀ ਅਨਹਦ ਸਬਦੁ ਬਜਾਵੈਗੋ॥੫॥		Guramukh Jaae Milai Nij Mehalee Anehadh Sabadh Bajaavaigo ||5||	The Gurmukh goes and meets the Lord in His Mansion deep within; the Unstruck Word of the Shabad vibrates there. ||5||	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪ੍ਰਭੂ-ਚਰਨਾਂ ਵਿਚ ਜਾ ਪਹੁੰਚਦਾ ਹੈ, ਉਹ (ਆਪਣੇ ਅੰਦਰ) ਗੁਰੂ ਦੇ ਸ਼ਬਦ ਦਾ ਇਕ-ਰਸ ਪ੍ਰਬਲ ਪ੍ਰਭਾਵ ਪਾਈ ਰੱਖਦਾ ਹੈ ॥੫॥
56149	1310	ਜੀਅ ਜੰਤ ਸਭ ਸਿਸਟਿ ਉਪਾਈ ਗੁਰਮੁਖਿ ਸੋਭਾ ਪਾਵੈਗੋ॥		Jeea Janth Sabh Sisatt Oupaaee Guramukh Sobhaa Paavaigo ||	God created all the beings and creatures of the universe; He blesses the Gurmukh with glory.	(ਉਂਞ ਤਾਂ) ਸਾਰੇ ਜੀਅ ਜੰਤ (ਪ੍ਰਭੂ ਦੇ ਪੈਦਾ ਕੀਤੇ ਹੋਏ ਹਨ), ਸਾਰੀ ਸ੍ਰਿਸ਼ਟੀ (ਪ੍ਰਭੂ ਨੇ ਹੀ) ਪੈਦਾ ਕੀਤੀ ਹੋਈ ਹੈ, (ਪਰ) ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ (ਲੋਕ ਪਰਲੋਕ ਵਿਚ) ਵਡਿਆਈ ਹਾਸਲ ਕਰਦਾ ਹੈ।

56150	1310	ਬਿਨੁ ਗੁਰ ਭੇਟੇ ਕੋ ਮਹਲੁ ਨ ਪਾਵੈ ਆਇ ਜਾਇ ਦੁਖੁ ਪਾਵੈਗੋ॥੬॥		Bin Gur Bhaettae Ko Mehal N Paavai Aae Jaae Dhukh Paavaigo ||6||	Without meeting the Guru, no one obtains the Mansion of His Presence. They suffer the agony of coming and going in reincarnation. ||6||	ਗੁਰੂ ਨੂੰ ਮਿਲਣ ਤੋਂ ਬਿਨਾ ਕੋਈ ਭੀ ਮਨੁੱਖ ਪ੍ਰਭੂ ਦੇ ਚਰਨਾਂ ਵਿਚ ਥਾਂ ਨਹੀਂ ਲੈ ਸਕਦਾ (ਸਗੋਂ) ਜਨਮ ਮਰਨ ਦੇ ਗੇੜ ਵਿਚ ਪੈ ਕੇ ਦੁੱਖ ਭੋਗਦਾ ਰਹਿੰਦਾ ਹੈ ॥੬॥
56151	1310	ਅਨੇਕ ਜਨਮ ਵਿਛੁੜੇ ਮੇਰੇ ਪ੍ਰੀਤਮ ਕਰਿ ਕਿਰਪਾ ਗੁਰੂ ਮਿਲਾਵੈਗੋ॥		Anaek Janam Vishhurrae Maerae Preetham Kar Kirapaa Guroo Milaavaigo ||	For countless lifetimes, I have been separated from my Beloved; in His Mercy, the Guru has united me with Him.	ਹੇ ਮੇਰੇ ਪ੍ਰੀਤਮ ਪ੍ਰਭੂ! (ਜੀਵ) ਅਨੇਕਾਂ ਹੀ ਜਨਮ (ਤੇਰੇ ਚਰਨਾਂ ਤੋਂ) ਵਿਛੁੜੇ ਰਹਿੰਦੇ ਹਨ। ਗੁਰੂ (ਹੀ) ਮਿਹਰ ਕਰ ਕੇ (ਇਹਨਾਂ ਨੂੰ ਤੇਰੇ ਨਾਲ) ਮਿਲਾਂਦਾ ਹੈ।
56152	1310	ਸਤਿਗੁਰ ਮਿਲਤ ਮਹਾ ਸੁਖੁ ਪਾਇਆ ਮਤਿ ਮਲੀਨ ਬਿਗਸਾਵੈਗੋ॥੭॥		Sathigur Milath Mehaa Sukh Paaeiaa Math Maleen Bigasaavaigo ||7||	Meeting the True Guru, I have found absolute peace, and my polluted intellect blossoms forth. ||7||	ਗੁਰੂ ਨੂੰ ਮਿਲਦਿਆਂ (ਹੀ ਮਨੁੱਖ) ਬੜਾ ਆਨੰਦ ਪ੍ਰਾਪਤ ਕਰ ਲੈਂਦਾ ਹੈ। (ਮਨੁੱਖ ਦੀ ਵਿਕਾਰਾਂ ਵਿਚ) ਮੈਲੀ ਹੋ ਚੁਕੀ ਮੱਤ ਨੂੰ (ਗੁਰੂ) ਖੇੜੇ ਵਿਚ ਲੈ ਆਉਂਦਾ ਹੈ ॥੭॥
56153	1310	ਹਰਿ ਹਰਿ ਕ੍ਰਿਪਾ ਕਰਹੁ ਜਗਜੀਵਨ ਮੈ ਸਰਧਾ ਨਾਮਿ ਲਗਾਵੈਗੋ॥	ਜੱਗਜੀਵਨ	Har Har Kirapaa Karahu Jagajeevan Mai Saradhhaa Naam Lagaavaigo ||	O Lord, Har, Har, please grant Your Grace; O Life of the World, instill faith in the Naam within me.	ਹੇ ਜਗਤ ਦੇ ਜੀਵਨ ਹਰੀ! ਮਿਹਰ ਕਰ, (ਗੁਰੂ) ਮੇਰੀ ਸਰਧਾ (ਤੇਰੇ) ਨਾਮ ਵਿਚ ਬਣਾਈ ਰੱਖੇ।

56154	1310	ਨਾਨਕ ਗੁਰੂ ਗੁਰੂ ਹੈ ਸਤਿਗੁਰੁ ਮੈ ਸਤਿਗੁਰੁ ਸਰਨਿ ਮਿਲਾਵੈਗੋ॥੮॥੪॥		Naanak Guroo Guroo Hai Sathigur Mai Sathigur Saran Milaavaigo ||8||4||	Nanak is the Guru, the Guru, the True Guru; I am immersed in the Sanctuary of the True Guru. ||8||4||	ਹੇ ਨਾਨਕ! (ਪ੍ਰਭੂ-ਚਰਨਾਂ ਵਿਚ ਜੁੜਨ ਲਈ) ਗੁਰੂ ਹੀ (ਵਸੀਲਾ) ਹੈ, ਗੁਰੂ ਹੀ (ਵਿਚੋਲਾ) ਹੈ। ਗੁਰੂ ਹੀ ਮੈਨੂੰ ਪ੍ਰਭੂ ਦੀ ਸਰਨ ਵਿਚ ਟਿਕਾਈ ਰੱਖ ਸਕਦਾ ਹੈ ॥੮॥੪॥
56155	1310	ਕਾਨੜਾ ਮਹਲਾ ੪॥		Kaanarraa Mehalaa 4 ||	Kaanraa, Fourth Mehl:	
56156	1310	ਮਨ ਗੁਰਮਤਿ ਚਾਲ ਚਲਾਵੈਗੋ॥		Man Guramath Chaal Chalaavaigo ||	O mind,walk on the Path of the Guru's Teachings.	ਹੇ ਮਨ (ਤੈਨੂੰ) ਗੁਰੂ ਦੀ ਸਿੱਖਿਆ (ਹੀ ਸਹੀ ਜੀਵਨ ਦੀ) ਚਾਲ ਚਲਾ ਸਕਦੀ ਹੈ।
56157	1310	ਜਿਉ ਮੈਗਲੁ ਮਸਤੁ ਦੀਜੈ ਤਲਿ ਕੁੰਡੇ ਗੁਰ ਅੰਕਸੁ ਸਬਦੁ ਦ੍ਰਿੜਾਵੈਗੋ॥੧॥ਰਹਾਉ ॥		Jio Maigal Masath Dheejai Thal Kunddae Gur Ankas Sabadh Dhrirraavaigo ||1|| Rehaao ||	Just as the wild elephant is subdued by the prod, the mind is disciplined by the Word of the Guru's Shabad. ||1||Pause||	ਗੁਰੂ ਦਾ ਸ਼ਬਦ (ਮਾਨੋ, ਉਹ) ਕੁੰਡਾ ਹੈ (ਜਿਸ ਨਾਲ ਹਾਥੀ ਨੂੰ ਤੋਰੀਦਾ ਹੈ)। ਜਿਵੇਂ ਮਸਤ ਹਾਥੀ ਨੂੰ ਕੁੰਡੇ ਹੇਠ ਰੱਖੀਦਾ ਹੈ (ਤਿਵੇਂ ਗੁਰੂ ਆਪਣਾ) ਸ਼ਬਦ (ਮਨੁੱਖ ਦੇ) ਹਿਰਦੇ ਵਿਚ ਪੱਕਾ ਕਰ ਦੇਂਦਾ ਹੈ ॥੧॥ ਰਹਾਉ ॥
56158	1310	ਚਲਤੌ ਚਲੈ ਚਲੈ ਦਹ ਦਹ ਦਿਸਿ ਗੁਰੁ ਰਾਖੈ ਹਰਿ ਲਿਵ ਲਾਵੈਗੋ॥	ਚੱਲੈ	Chalatha Chalai Chalai Dheh Dheh Dhis Gur Raakhai Har Liv Laavaigo ||	The wandering mind wanders, roams and rambles in the ten directions; but the Guru holds it, and lovingly attunes it to the Lord.	(ਮਨੁੱਖ ਦਾ ਮਨ) ਮੁੜ ਮੁੜ ਦਸੀਂ ਪਾਸੀਂ ਭਟਕਦਾ ਫਿਰਦਾ ਹੈ, ਗੁਰੂ (ਇਸ ਨੂੰ) ਭਟਕਣ ਤੋਂ ਬਚਾਂਦਾ ਹੈ (ਇਸਦੇ ਅੰਦਰ) ਪਰਮਾਤਮਾ ਦਾ ਪਿਆਰ ਪੈਦਾ ਕਰਦਾ ਹੈ।

56159	1310	ਸਤਿਗੁਰੁ ਸਬਦੁ ਦੇਇ ਰਿਦ ਅੰਤਰਿ ਮੁਖਿ ਅੰਮ੍ਰਿਤੁ ਨਾਮੁ ਚੁਆਵੈਗੋ॥੧॥		Sathigur Sabadh Dhaee Ridh Anthar Mukh Anmrith Naam Chuaavaigo ||1||	The True Guru implants the Word of the Shabad deep within the heart; the Ambrosial Naam, the Name of the Lord, trickles into the mouth. ||1||	ਗੁਰੂ (ਆਪਣਾ) ਸ਼ਬਦ (ਮਨੁੱਖ ਦੇ) ਹਿਰਦੇ ਵਿਚ ਟਿਕਾ ਦੇਂਦਾ ਹੈ, ਅਤੇ ਉਸ ਦੇ ਮੂੰਹ ਵਿਚ ਆਤਮਕ ਜੀਵਨ ਦੇਣ ਵਾਲਾ ਨਾਮ ਜਲ ਚੋਂਦਾ ਹੈ ॥੧॥
56160	1310	ਬਿਸੀਅਰ ਬਿਸੂ ਭਰੇ ਹੈ ਪੂਰਨ ਗੁਰੁ ਗਰੁੜ ਸਬਦੁ ਮੁਖਿ ਪਾਵੈਗੋ॥		Biseear Bisoo Bharae Hai Pooran Gur Garurr Sabadh Mukh Paavaigo ||	The snakes are filled with poisonous venom; the Word of the Guru's Shabad is the antidote - place it in your mouth.	ਸੱਪ ਜ਼ਹਰ ਨਾਲ ਨਕਾ-ਨਕ ਭਰੇ ਹੁੰਦੇ ਹਨ (ਉਹਨਾਂ ਦੇ ਅਸਰ ਤੋਂ ਬਚਾਣ ਲਈ) ਗਾਰੁੜ ਮੰਤਰ ਹੈ (ਇਸੇ ਤਰ੍ਹਾਂ) ਗੁਰੂ (ਆਪਣਾ) ਸ਼ਬਦ (-ਮੰਤ੍ਰ ਜਿਸ ਮਨੁੱਖ ਦੇ) ਮੂੰਹ ਵਿਚ ਪਾ ਦੇਂਦਾ ਹੈ,
56161	1310	ਮਾਇਆ ਭੁਇਅੰਗ ਤਿਸੁ ਨੇੜਿ ਨ ਆਵੈ ਬਿਖੁ ਝਾਰਿ ਝਾਰਿ ਲਿਵ ਲਾਵੈਗੋ॥੨॥		Maaeiaa Bhueiang This Naerr N Aavai Bikh Jhaar Jhaar Liv Laavaigo ||2||	Maya, the serpent, does not even approach one who is rid of the poison, and lovingly attuned to the Lord. ||2||	ਮਾਇਆ ਸਪਣੀ ਉਸ ਦੇ ਨੇੜੇ ਨਹੀਂ ਢੁਕਦੀ। (ਗੁਰੂ ਸ਼ਬਦ-ਮੰਤ੍ਰ ਦੀ ਬਰਕਤਿ ਨਾਲ ਉਸ ਦਾ) ਜ਼ਹਰ ਝਾੜ ਝਾੜ ਕੇ (ਉਸ ਦੇ ਅੰਦਰ) ਪਰਮਾਤਮਾ ਦੀ ਲਗਨ ਪੈਦਾ ਕਰ ਦੇਂਦਾ ਹੈ ॥੨॥

56162	1310	ਸੁਆਨੁ ਲੋਭੁ ਨਗਰ ਮਹਿ ਸਬਲਾ ਗੁਰੁ ਖਿਨ ਮਹਿ ਮਾਰਿ ਕਢਾਵੈਗੋ॥	ਨੱਗਰ	Suaan Lobh Nagar Mehi Sabalaa Gur Khin Mehi Maar Kadtaavaigo ||	The dog of greed is very powerful in the village of the body; the Guru strikes it and drives it out in an instant.	ਲੋਭ-ਕੁੱਤਾ (ਮਨੁੱਖ ਦੇ) ਸਰੀਰ-ਨਗਰ ਵਿਚ ਬਲਵਾਨ ਹੋਇਆ ਰਹਿੰਦਾ ਹੈ, ਪਰ ਗੁਰੂ ਇਕ ਛਿਨ ਵਿਚ (ਇਸ ਕੁੱਤੇ ਨੂੰ) ਮਾਰ ਕੇ (ਉਸ ਦੇ ਅੰਦਰੋਂ) ਕੱਢ ਦੇਂਦਾ ਹੈ।
56163	1310	ਸਤੁ ਸੰਤੋਖੁ ਧਰਮੁ ਆਨਿ ਰਾਖੇ ਹਰਿ ਨਗਰੀ ਹਰਿ ਗੁਨ ਗਾਵੈਗੋ॥੩॥	ਨੱਗਰੀ	Sath Santhokh Dhharam Aan Raakhae Har Nagaree Har Gun Gaavaigo ||3||	Truth, contentment, righteousness and Dharma have settled there; in the village of the Lord, sing the Glorious Praises of the Lord. ||3||	(ਗੁਰੂ ਨੇ) ਸਤ ਸੰਤੋਖ ਧਰਮ (ਇਹ ਗੁਣ) ਸਾਧ ਸੰਗਤ-ਨਗਰੀ ਵਿਚ ਲਿਆ ਕੇ ਰੱਖੇ ਹੋਏ ਹਨ (ਲੋਭ-ਕੁੱਤੇ ਤੋਂ ਬਚਣ ਲਈ ਮਨੁੱਖ) ਸਾਧ ਸੰਗਤ ਵਿਚ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੩॥
56164	1311	ਪੰਕਜ ਮੋਹ ਨਿਘਰਤੁ ਹੈ ਪ੍ਰਾਨੀ ਗੁਰੁ ਨਿਘਰਤ ਕਾਢਿ ਕਢਾਵੈਗੋ॥	ਨਿਘ–ਰਤੁ: ਪੋਲਾ ਬੋਲੋ	Pankaj Moh Nigharath Hai Praanee Gur Nigharath Kaadt Kadtaavaigo ||	The mortal beings are sinking in the swamp of emotional attachment; the Guru lifts them up, and saves them from sinking.	ਮਨੁੱਖ (ਮਾਇਆ ਦੇ) ਮੋਹ ਦੇ ਖੋਭੇ ਵਿਚ ਖੁੱਭਦਾ ਜਾਂਦਾ ਹੈ, ਗੁਰੂ (ਇਸ ਖੋਭੇ ਵਿਚ) ਖੁੱਭ ਰਹੇ ਮਨੁੱਖ ਨੂੰ (ਖੋਭੇ ਵਿਚੋਂ) ਕੱਢ ਕੇ ਬੰਨੇ ਲਾ ਦੇਂਦਾ ਹੈ।
56165	1311	ਤ੍ਰਾਹਿ ਤ੍ਰਾਹਿ ਸਰਨਿ ਜਨ ਆਏ ਗੁਰੁ ਹਾਥੀ ਦੇ ਨਿਕਲਾਵੈਗੋ॥੪॥	ਕ੍ਰਿਪਾ ਰੂਪ (ਹਾਥੀ) ਹੱਥ, ਦਸਤ, ਪੰਜੀ	Thraahi Thraahi Saran Jan Aaeae Gur Haathhee Dhae Nikalaavaigo ||4||	Crying, ""Save me! Save me!"", the humble come to His Sanctuary; the Guru reaches out His Hand, and lifts them up. ||4||	'ਬਚਾ ਲੈ ਬਚਾ ਲੈ'-ਇਹ ਆਖਦੇ (ਜਿਹੜੇ) ਮਨੁੱਖ (ਗੁਰੂ ਦੀ) ਸਰਨ ਆਉਂਦੇ ਹਨ, ਗੁਰੂ ਆਪਣਾ ਹੱਥ ਫੜਾ ਕੇ ਉਹਨਾਂ ਨੂੰ (ਮਾਇਆ ਦੇ ਮੋਹ ਦੇ ਚਿੱਕੜ ਵਿਚੋਂ) ਬਾਹਰ ਕੱਢ ਲੈਂਦਾ ਹੈ ॥੪॥

56166	1311	ਸੁਪਨੰਤਰੁ ਸੰਸਾਰੁ ਸਭੁ ਬਾਜੀ ਸਭੁ ਬਾਜੀ ਖੇਲੁ ਖਿਲਾਵੈਗੋ॥		Supananthar Sansaar Sabh Baajee Sabh Baajee Khael Khilaavaigo ||	The whole world is like a game in a dream, all a game. God plays and causes the game to be played.	ਇਹ ਸੰਸਾਰ (ਮਨੁੱਖ ਦੇ) ਮਨ ਦੀ ਭਟਕਣਾ (ਦਾ ਮੂਲ) ਹੈ, (ਜੀਵਾਂ ਨੂੰ ਪਰਚਾਣ ਲਈ) ਸਾਰਾ ਜਗਤ (ਇਕ) ਖੇਡ (ਜਿਹੀ ਹੀ) ਹੈ। ਇਹ ਖੇਡ (ਜੀਵਾਂ ਨੂੰ ਪਰਮਾਤਮਾ ਆਪ) ਖਿਡਾ ਰਿਹਾ ਹੈ।
56167	1311	ਲਾਹਾ ਨਾਮੁ ਗੁਰਮਤਿ ਲੈ ਚਾਲਹੁ ਹਰਿ ਦਰਗਹ ਪੈਧਾ ਜਾਵੈਗੋ॥੫॥		Laahaa Naam Guramath Lai Chaalahu Har Dharageh Paidhhaa Jaavaigo ||5||	So earn the Profit of the Naam by following the Guru's Teachings; you shall go to the Court of the Lord in robes of honor. ||5||	(ਇਸ ਖੇਡ ਵਿਚ ਪਰਮਾਤਮਾ ਦਾ) ਨਾਮ (ਹੀ) ਲਾਭ ਹੈ। ਗੁਰੂ ਦੀ ਮੱਤ ਦੀ ਰਾਹੀਂ ਇਹ ਲਾਭ ਖੱਟ ਕੇ ਜਾਵੋ। (ਜਿਹੜਾ ਮਨੁੱਖ ਇਹ ਲਾਭ ਖੱਟ ਕੇ ਇਥੋਂ ਜਾਂਦਾ ਹੈ, ਉਹ) ਪਰਮਾਤਮਾ ਦੀ ਹਜ਼ੂਰੀ ਵਿਚ ਇੱਜ਼ਤ ਨਾਲ ਜਾਂਦਾ ਹੈ ॥੫॥
56168	1311	ਹਉਮੈ ਕਰੈ ਕਰਾਵੈ ਹਉਮੈ ਪਾਪ ਕੋਇਲੇ ਆਨਿ ਜਮਾਵੈਗੋ॥	(ਜਮਾਵੈਗੋ) ਜਮ੍ਹਾਂਕਰੇਗਾ	Houmai Karai Karaavai Houmai Paap Koeilae Aan Jamaavaigo ||	They act in egotism, and make others act in egotism; they collect and gather up the blackness of sin.	ਜਿਹੜਾ ਮਨੁੱਖ ਸਾਰੀ ਉਮਰ 'ਹਉਂ, ਹਉਂ' ਹੀ ਕਰਦਾ ਰਹਿੰਦਾ ਹੈ, ਉਹ ਮਨੁੱਖ (ਆਪਣੀ ਮਾਨਸਿਕ ਖੇਤੀ ਵਿਚ) ਪਾਪ ਕੋਲੇ ਲਿਆ ਕੇ ਬੀਜਦਾ ਰਹਿੰਦਾ ਹੈ।

56169	1311	ਆਇਆ ਕਾਲੁ ਦੁਖਦਾਈ ਹੋਏ ਜੋ ਬੀਜੇ ਸੋ ਖਵਲਾਵੈਗੋ॥੬॥		Aaeiaa Kaal Dhukhadhaaee Hoeae Jo Beejae So Khavalaavaigo ||6||	And when death comes, they suffer in agony; they must eat what they have planted. ||6||	ਜਦੋਂ ਮੌਤ ਆਉਂਦੀ ਹੈ; (ਉਹ ਬੀਜੇ ਹੋਏ ਕਮਾਏ ਹੋਏ ਪਾਪ) ਦੁਖਦਾਈ ਬਣ ਜਾਂਦੇ ਹਨ (ਪਰ ਉਸ ਵੇਲੇ ਕੀਹ ਹੋ ਸਕਦਾ ਹੈ?) ਜਿਹੜੇ ਕੋਲੇ-ਪਾਪ ਬੀਜੇ ਹੋਏ ਹੁੰਦੇ ਹਨ (ਸਾਰੀ ਉਮਰ ਕੀਤੇ ਹੁੰਦੇ ਹਨ) ਉਹਨਾਂ ਦਾ ਫਲ ਖਾਣਾ ਪੈਂਦਾ ਹੈ ॥੬॥
56170	1311	ਸੰਤਹੁ ਰਾਮ ਨਾਮੁ ਧਨੁ ਸੰਚਹੁ ਲੈ ਖਰਚੁ ਚਲੇ ਪਤਿ ਪਾਵੈਗੋ॥		Santhahu Raam Naam Dhhan Sanchahu Lai Kharach Chalae Path Paavaigo ||	O Saints, gather the Wealth of the Lord's Name; if you depart after packing these provisions, you shall be honored.	ਹੇ ਸੰਤ ਜਨੋ! ਪਰਮਾਤਮਾ ਦਾ ਨਾਮ-ਧਨ ਇਕੱਠਾ ਕਰਦੇ ਰਹੋ, (ਜਿਹੜੇ ਮਨੁੱਖ ਜੀਵਨ-ਸਫ਼ਰ ਵਿਚ ਵਰਤਣ ਲਈ ਨਾਮ-) ਖ਼ਰਚ ਲੈ ਕੇ ਤੁਰਦੇ ਹਨ, (ਪਰਮਾਤਮਾ ਉਹਨਾਂ ਨੂੰ) ਇੱਜ਼ਤ-ਮਾਣ ਦੇਂਦਾ ਹੈ।
56171	1311	ਖਾਇ ਖਰਚਿ ਦੇਵਹਿ ਬਹੁਤੇਰਾ ਹਰਿ ਦੇਦੇ ਤੋਟਿ ਨ ਆਵੈਗੋ॥੭॥	ਦੇਂਦੇ	Khaae Kharach Dhaevehi Bahuthaeraa Har Dhaedhae Thott N Aavaigo ||7||	So eat, spend, consume and give abundantly; the Lord will give - there will be no deficiency. ||7||	ਉਹ ਮਨੁੱਖ (ਇਹ ਨਾਮ-ਧਨ ਆਪ) ਖੁਲ੍ਹਾ ਵਰਤ ਕੇ (ਹੋਰਨਾਂ ਨੂੰ ਭੀ) ਬਹੁਤ ਵੰਡਦੇ ਹਨ, ਇਸ ਹਰਿ-ਨਾਮ ਧਨ ਦੇ ਵੰਡਦਿਆਂ ਇਸ ਵਿਚ ਕਮੀ ਨਹੀਂ ਹੁੰਦੀ ॥੭॥
56172	1311	ਰਾਮ ਨਾਮ ਧਨੁ ਹੈ ਰਿਦ ਅੰਤਰਿ ਧਨੁ ਗੁਰ ਸਰਣਾਈ ਪਾਵੈਗੋ॥		Raam Naam Dhhan Hai Ridh Anthar Dhhan Gur Saranaaee Paavaigo ||	The wealth of the Lord's Name is deep within the heart. In the Sanctuary of the Guru, this wealth is found.	(ਹੇ ਭਾਈ!) ਇਹ ਨਾਮ-ਧਨ ਗੁਰੂ ਦੀ ਸਰਨ ਪਿਆਂ ਮਿਲਦਾ ਹੈ। ਜਿਸ ਮਨੁੱਖ ਦੇ ਹਿਰਦੇ ਵਿਚ ਇਹ ਨਾਮ-ਧਨ ਵੱਸਦਾ ਹੈ,

56173	1311	ਨਾਨਕ ਦਇਆ ਦਇਆ ਕਰਿ ਦੀਨੀ ਦੁਖੁ ਦਾਲਦੁ ਭੰਜਿ ਸਮਾਵੈਗੋ॥੮॥੫॥		Naanak Dhaeiaa Dhaeiaa Kar Dheenee Dhukh Dhaaladh Bhanj Samaavaigo ||8||5||	O Nanak, God has been kind and compassionate; He has blessed me. Removing pain and poverty, He has blended me with Himself. ||8||5||	ਜਿਸ ਮਨੁੱਖ ਨੂੰ ਪਰਮਾਤਮਾ ਨਾਮ-ਧਨ ਦੀ ਦਾਤ ਮਿਹਰ ਕਰ ਕੇ ਦੇਂਦਾ ਹੈ, ਹੇ ਨਾਨਕ! ਉਹ ਆਪਣਾ ਹਰੇਕ ਦੁੱਖ ਦੂਰ ਕਰ ਕੇ (ਆਤਮਕ) ਗਰੀਬੀ ਮੁਕਾ ਕੇ ਨਾਮ ਵਿਚ ਲੀਨ ਰਹਿੰਦਾ ਹੈ ॥੮॥੫॥
56174	1311	ਕਾਨੜਾ ਮਹਲਾ ੪॥		Kaanarraa Mehalaa 4 ||	Kaanraa, Fourth Mehl:	
56175	1311	ਮਨੁ ਸਤਿਗੁਰ ਸਰਨਿ ਧਿਆਵੈਗੋ॥		Man Sathigur Saran Dhhiaavaigo ||	O mind, seek the Sanctuary of the True Guru, and meditate.	(ਜਿਸ ਮਨੁੱਖ ਦਾ) ਮਨ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ,
56176	1311	ਲੋਹਾ ਹਿਰਨੁ ਹੋਵੈ ਸੰਗਿ ਪਾਰਸ ਗੁਨੁ ਪਾਰਸ ਕੋ ਹੋਇ ਆਵੈਗੋ॥੧॥ਰਹਾਉ॥		Lohaa Hiran Hovai Sang Paaras Gun Paaras Ko Hoe Aavaigo ||1|| Rehaao ||	Iron is transformed into gold by touching the philosopher's stone; it takes on its qualities. ||1||Pause||	(ਉਹ ਪ੍ਰਭੂ-ਚਰਨਾਂ ਦੀ ਛੂਹ ਨਾਲ ਉੱਚੇ ਜੀਵਨ ਵਾਲਾ ਹੋ ਜਾਂਦਾ ਹੈ, ਜਿਵੇਂ) ਪਾਰਸ ਨਾਲ (ਛੂਹ ਕੇ) ਲੋਹਾ ਸੋਨਾ ਬਣ ਜਾਂਦਾ ਹੈ, ਪਾਰਸ ਦੀ ਛੂਹ ਦਾ ਗੁਣ ਉਸ ਵਿਚ ਆ ਜਾਂਦਾ ਹੈ ॥੧॥ ਰਹਾਉ ॥
56177	1311	ਸਤਿਗੁਰੁ ਮਹਾਪੁਰਖੁ ਹੈ ਪਾਰਸੁ ਜੋ ਲਾਗੈ ਸੋ ਫਲੁ ਪਾਵੈਗੋ॥		Sathigur Mehaa Purakh Hai Paaras Jo Laagai So Fal Paavaigo ||	The True Guru, the Great Primal Being, is the philosopher's stone. Whoever is attached to Him receives fruitful rewards.	ਗੁਰੂ (ਭੀ) ਬਹੁਤ ਵੱਡਾ ਪੁਰਖ ਹੈ, (ਗੁਰੂ ਭੀ) ਪਾਰਸ ਹੈ। ਜਿਹੜਾ ਮਨੁੱਖ (ਗੁਰੂ ਦੀ ਚਰਨੀਂ) ਲੱਗਦਾ ਹੈ ਉਹ (ਸ੍ਰੇਸ਼ਟ) ਫਲ ਪ੍ਰਾਪਤ ਕਰਦਾ ਹੈ,

56178	1311	ਜਿਉ ਗੁਰ ਉਪਦੇਸਿ ਤਰੇ ਪ੍ਰਹਿਲਾਦਾ ਗੁਰੁ ਸੇਵਕ ਪੈਜ ਰਖਾਵੈਗੋ॥੧॥		Jio Gur Oupadhaes Tharae Prehilaadhaa Gur Saevak Paij Rakhaavaigo ||1||	Just as Prahlaad was saved by the Guru's Teachings, the Guru protects the honor of His servant. ||1||	ਜਿਵੇਂ ਗੁਰੂ ਦੇ ਉਪਦੇਸ਼ ਦੀ ਬਰਕਤਿ ਨਾਲ ਪ੍ਰਹਿਲਾਦ (ਆਦਿਕ ਕਈ) ਪਾਰ ਲੰਘ ਗਏ। ਗੁਰੂ ਆਪਣੇ (ਸੇਵਕ) ਦੀ ਇੱਜ਼ਤ (ਜ਼ਰੂਰ) ਰੱਖਦਾ ਹੈ ॥੧॥
56179	1311	ਸਤਿਗੁਰ ਬਚਨੁ ਬਚਨੁ ਹੈ ਨੀਕੋ ਗੁਰ ਬਚਨੀ ਅੰਮ੍ਰਿਤੁ ਪਾਵੈਗੋ॥		Sathigur Bachan Bachan Hai Neeko Gur Bachanee Anmrith Paavaigo ||	The Word of the True Guru is the most Sublime and Noble Word. Through the Guru's Word, the Ambrosial Nectar is obtained.	ਯਕੀਨ ਜਾਣ ਕਿ ਗੁਰੂ ਦਾ ਬਚਨ (ਬੜਾ) ਸ੍ਰੇਸ਼ਟ ਹੈ। ਗੁਰੂ ਦੇ ਬਚਨਾਂ ਦੀ ਬਰਕਤਿ ਨਾਲ (ਮਨੁੱਖ) ਆਤਮਕ ਜੀਵਨ ਦੇਣ ਵਾਲਾ ਨਾਮ ਹਾਸਲ ਕਰ ਲੈਂਦਾ ਹੈ।
56180	1311	ਜਿਉ ਅੰਬਰੀਕਿ ਅਮਰਾਪਦ ਪਾਏ ਸਤਿਗੁਰ ਮੁਖ ਬਚਨ ਧਿਆਵੈਗੋ॥੨॥		Jio Anbareek Amaraa Padh Paaeae Sathigur Mukh Bachan Dhhiaavaigo ||2||	Ambreek the king was blessed with the status of immortality, meditating on the Word of the True Guru. ||2||	(ਜਿਹੜਾ ਭੀ ਮਨੁੱਖ) ਗੁਰੂ ਦਾ ਉਚਾਰਿਆ ਸ਼ਬਦ ਹਿਰਦੇ ਵਿਚ ਵਸਾਂਦਾ ਹੈ (ਉਹ ਉੱਚਾ ਆਤਮਕ ਜੀਵਨ ਪ੍ਰਾਪਤ ਕਰਦਾ ਹੈ) ਜਿਵੇਂ ਅੰਬਰੀਕ ਨੇ ਉਹ ਆਤਮਕ ਦਰਜਾ ਹਾਸਲ ਕਰ ਲਿਆ ਜਿੱਥੇ ਆਤਮਕ ਮੌਤ ਪੋਹ ਨਹੀਂ ਸਕਦੀ ॥੨॥

56181	1311	ਸਤਿਗੁਰ ਸਰਨਿ ਸਰਨਿ ਮਨਿ ਭਾਈ ਸੁਧਾ ਸੁਧਾ ਕਰਿ ਧਿਆਵੈਗੋ॥		Sathigur Saran Saran Man Bhaaee Sudhhaa Sudhhaa Kar Dhhiaavaigo ||	The Sanctuary, the Protection and Sanctuary of the True Guru is pleasing to the mind. It is sacred and pure - meditate on it.	ਜਿਸ ਮਨੁੱਖ ਨੂੰ ਗੁਰੂ ਦੀ ਸਰਨ ਪਏ ਰਹਿਣਾ (ਆਪਣੇ) ਮਨ ਵਿਚ ਪਸੰਦ ਆ ਜਾਂਦਾ ਹੈ, ਉਹ (ਗੁਰੂ ਦੇ ਬਚਨ ਨੂੰ) ਆਤਮਕ ਜੀਵਨ-ਦਾਤਾ ਨਿਸ਼ਚੇ ਕਰ ਕੇ (ਉਸਨੂੰ) ਆਪਣੇ ਅੰਦਰ ਵਸਾਈ ਰੱਖਦਾ ਹੈ।
56182	1311	ਦਇਆਲ ਦੀਨ ਭਏ ਹੈ ਸਤਿਗੁਰ ਹਰਿ ਮਾਰਗੁ ਪੰਥੁ ਦਿਖਾਵੈਗੋ॥੩॥		Dhaeiaal Dheen Bheae Hai Sathigur Har Maarag Panthh Dhikhaavaigo ||3||	The True Guru has become Merciful to the meek and the poor; He has shown me the Path, the Way to the Lord. ||3||	ਗੁਰੂ ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਗੁਰੂ ਪਰਮਾਤਮਾ ਦੇ ਮਿਲਾਪ ਦਾ ਰਸਤਾ ਵਿਖਾ ਦੇਂਦਾ ਹੈ ॥੩॥
56183	1311	ਸਤਿਗੁਰ ਸਰਨਿ ਪਏ ਸੇ ਥਾਪੇ ਤਿਨ ਰਾਖਨ ਕਉ ਪ੍ਰਭੁ ਆਵੈਗੋ॥		Sathigur Saran Peae Sae Thhaapae Thin Raakhan Ko Prabh Aavaigo ||	Those who enter the Sanctuary of the True Guru are firmly established; God comes to protect them.	ਜਿਹੜੇ ਮਨੁੱਖ ਗੁਰੂ ਦੀ ਸਰਨ ਪੈਂਦੇ ਹਨ, ਉਹਨਾਂ ਨੂੰ ਆਦਰ ਮਿਲਦਾ ਹੈ, ਪਰਮਾਤਮਾ ਉਹਨਾਂ ਦੀ ਰੱਖਿਆ ਕਰਨ ਲਈ ਆਪ ਬਹੁੜਦਾ ਹੈ।
56184	1311	ਜੇ ਕੋ ਸਰੁ ਸੰਧੈ ਜਨ ਊਪਰਿ ਫਿਰਿ ਉਲਟੋ ਤਿਸੈ ਲਗਾਵੈਗੋ॥੪॥		Jae Ko Sar Sandhhai Jan Oopar Fir Oulatto Thisai Lagaavaigo ||4||	If someone aims an arrow at the Lord's humble servant, it will turn around and hit him instead. ||4||	ਜੇ ਕੋਈ ਮਨੁੱਖ ਉਹਨਾਂ ਸੇਵਕਾਂ ਉਤੇ ਤੀਰ ਚਲਾਂਦਾ ਹੈ, ਉਹ ਤੀਰ ਪਰਤ ਕੇ ਉਸੇ ਨੂੰ ਹੀ ਆ ਲੱਗਦਾ ਹੈ ॥੪॥

56185	1311	ਹਰਿ ਹਰਿ ਹਰਿ ਹਰਿ ਹਰਿ ਸਰੁ ਸੇਵਹਿ ਤਿਨ ਦਰਗਹ ਮਾਨੁ ਦਿਵਾਵੈਗੋ॥		Har Har Har Har Har Sar Saevehi Thin Dharageh Maan Dhivaavaigo ||	Those who bathe in the Sacred Pool of the Lord, Har, Har, Har, Har, Har, are blessed with honor in His Court.	ਜਿਹੜੇ ਮਨੁੱਖ ਸਦਾ ਹੀ ਸਾਧ ਸੰਗਤ ਦਾ ਆਸਰਾ ਲਈ ਰੱਖਦੇ ਹਨ, ਪਰਮਾਤਮਾ ਉਹਨਾਂ ਨੂੰ ਆਪਣੀ ਹਜ਼ੂਰੀ ਵਿਚ ਇੱਜ਼ਤ ਦਿਵਾਂਦਾ ਹੈ।
56186	1311	ਗੁਰਮਤਿ ਗੁਰਮਤਿ ਗੁਰਮਤਿ ਧਿਆਵਹਿ ਹਰਿ ਗਲਿ ਮਿਲਿ ਮੇਲਿ ਮਿਲਾਵੈਗੋ॥੫॥		Guramath Guramath Guramath Dhhiaavehi Har Gal Mil Mael Milaavaigo ||5||	Those who meditate on the Guru's Teachings, the Guru's Instructions, the Guru's Wisdom, are united in the Lord's Union; He hugs them close in His Embrace. ||5||	ਜਿਹੜੇ ਮਨੁੱਖ ਸਦਾ ਹੀ ਗੁਰੂ ਦੀ ਸਿੱਖਿਆ ਉਤੇ ਤੁਰ ਕੇ ਪਰਮਾਤਮਾ ਦਾ ਨਾਮ ਸਿਮਰਦੇ ਹਨ, ਪਰਮਾਤਮਾ ਉਹਨਾਂ ਦੇ ਗਲ ਨਾਲ ਮਿਲ ਕੇ ਉਹਨਾਂ ਨੂੰ ਆਪਣੇ ਨਾਲ ਇਕ-ਮਿਕ ਕਰ ਲੈਂਦਾ ਹੈ ॥੫॥
56187	1311	ਗੁਰਮੁਖਿ ਨਾਦੁ ਬੇਦੁ ਹੈ ਗੁਰਮੁਖਿ ਗੁਰ ਪਰਚੈ ਨਾਮੁ ਧਿਆਵੈਗੋ॥		Guramukh Naadh Baedh Hai Guramukh Gur Parachai Naam Dhhiaavaigo ||	The Guru's Word is the Sound-current of the Naad, The Guru's Word is the wisdom of the Vedas; coming in contact with the Guru, meditate on the Naam.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਵਾਸਤੇ ਗੁਰੂ ਦੀ ਸਰਨ ਹੀ ਨਾਦ ਹੈ ਗੁਰੂ ਦੀ ਸਰਨ ਹੀ ਵੇਦ ਹੈ। ਗੁਰੂ ਦੀ ਸਰਨ ਪਏ ਰਹਿਣ ਵਾਲਾ ਮਨੁੱਖ ਗੁਰੂ ਦੀ ਪ੍ਰਸੰਨਤਾ ਪ੍ਰਾਪਤ ਕਰ ਕੇ ਹਰਿ-ਨਾਮ ਸਿਮਰਦਾ ਹੈ।

56188	1311	ਹਰਿ ਹਰਿ ਰੂਪੁ ਹਰਿ ਰੂਪੋ ਹੋਵੈ ਹਰਿ ਜਨ ਕਉ ਪੂਜ ਕਰਾਵੈਗੋ॥੬॥		Har Har Roop Har Roopo Hovai Har Jan Ko Pooj Karaavaigo ||6||	In the Image of the Lord, Har, Har, one becomes the Embodiment of the Lord. The Lord makes His humble servant worthy of worship. ||6||	ਉਹ ਮਨੁੱਖ ਪਰਮਾਤਮਾ ਦਾ ਰੂਪ ਹੀ ਹੋ ਜਾਂਦਾ ਹੈ, ਪਰਮਾਤਮਾ (ਭੀ ਹਰ ਥਾਂ) ਉਸ ਦੀ ਇੱਜ਼ਤ ਕਰਾਂਦਾ ਹੈ ॥੬॥
56189	1311	ਸਾਕਤ ਨਰ ਸਤਿਗੁਰੁ ਨਹੀ ਕੀਆ ਤੇ ਬੇਮੁਖ ਹਰਿ ਭਰਮਾਵੈਗੋ॥		Saakath Nar Sathigur Nehee Keeaa Thae Baemukh Har Bharamaavaigo ||	The faithless cynic does not submit to the True Guru; the Lord makes the non-believer wander in confusion.	ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਗੁਰੂ ਨੂੰ (ਆਪਣਾ ਆਸਰਾ) ਨਹੀਂ ਬਣਾਂਦੇ, ਉਹ ਗੁਰੂ ਵਲੋਂ ਮੂੰਹ ਭਵਾਈ ਰੱਖਦੇ ਹਨ, ਪ੍ਰਭੂ ਉਹਨਾਂ ਨੂੰ ਭਟਕਣਾ ਵਿਚ ਪਾਈ ਰੱਖਦਾ ਹੈ,
56190	1311	ਲੋਭ ਲਹਰਿ ਸੁਆਨ ਕੀ ਸੰਗਤਿ ਬਿਖੁ ਮਾਇਆ ਕਰੰਗਿ ਲਗਾਵੈਗੋ॥੭॥	ਲਹ-ਰਿ	Lobh Lehar Suaan Kee Sangath Bikh Maaeiaa Karang Lagaavaigo ||7||	The waves of greed are like packs of dogs. The poison of Maya sticks to the body-skeleton. ||7||	(ਉਹਨਾਂ ਦੇ ਅੰਦਰ) ਲੋਭ ਦੀ ਲਹਿਰ ਚੱਲਦੀ ਰਹਿੰਦੀ ਹੈ, (ਇਹ ਲਹਿਰ) ਕੁੱਤੇ ਦੇ ਸੁਭਾਵ ਵਰਗੀ ਹੈ, (ਜਿਵੇਂ ਕੁੱਤਾ) ਮੁਰਦਾਰ ਉੱਤੇ ਜਾਂਦਾ ਹੈ (ਮੁਰਦਾਰ ਨੂੰ ਖ਼ੁਸ਼ ਹੋ ਕੇ ਖਾਂਦਾ ਹੈ, ਤਿਵੇਂ ਲੋਭ-ਲਹਿਰ ਦਾ ਪ੍ਰੇਰਿਆ ਹੋਇਆ ਮਨੁੱਖ) ਆਤਮਕ ਮੌਤ ਲਿਆਉਣ ਵਾਲੀ ਮਾਇਆ-ਜ਼ਹਰ ਨੂੰ ਚੰਬੜਿਆ ਰਹਿਦਾ ਹੈ ॥੭॥

56191	1311	ਰਾਮ ਨਾਮੁ ਸਭ ਜਗ ਕਾ ਤਾਰਕੁ ਲਗਿ ਸੰਗਤਿ ਨਾਮੁ ਧਿਆਵੈਗੋ॥		Raam Naam Sabh Jag Kaa Thaarak Lag Sangath Naam Dhhiaavaigo ||	The Lord's Name is the Saving Grace of the whole world; join the Sangat, and meditate on the Naam.	ਪਰਮਾਤਮਾ ਦਾ ਨਾਮ ਸਾਰੇ ਜਗਤ ਦਾ ਪਾਰ ਲੰਘਾਣ ਵਾਲਾ ਹੈ। (ਜਿਹੜਾ ਮਨੁੱਖ) ਸਾਧ ਸੰਗਤ ਵਿਚ ਟਿਕ ਕੇ ਹਰਿ-ਨਾਮ ਸਿਮਰਦਾ ਹੈ (ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ)।
56192	1311	ਨਾਨਕ ਰਾਖੁ ਰਾਖੁ ਪ੍ਰਭ ਮੇਰੇ ਸਤਸੰਗਤਿ ਰਾਖਿ ਸਮਾਵੈਗੋ॥੮॥੬॥ਛ ਕਾ ੧॥	ਛੇ ਅਸਟਪਦੀਆਂ ਇੱਕ ਛਕਾ। ਛੱਕਾ ਇੱਕ ਬੋਲੋ	Naanak Raakh Raakh Prabh Maerae Sathasangath Raakh Samaavaigo ||8||6||	O my God, please protect and preserve Nanak in the Sat Sangat, the True Congregation; save him, and let him merge in You. ||8||6||	ਹੇ ਨਾਨਕ! (ਅਰਦਾਸ ਕਰ) ਹੇ ਮੇਰੇ ਪ੍ਰਭੂ! (ਮੈਨੂੰ ਭੀ ਸਾਧ ਸੰਗਤ ਵਿਚ) ਰੱਖੀ ਰੱਖ। (ਪਰਮਾਤਮਾ ਪ੍ਰਾਣੀ ਨੂੰ) ਸਾਧ ਸੰਗਤ ਵਿਚ ਰੱਖ ਕੇ (ਆਪਣੇ ਵਿਚ) ਲੀਨ ਕਰੀ ਰੱਖਦਾ ਹੈ ॥੮॥੬॥ਛਕਾ ੧ ॥
56193	1312	ਕਾਨੜਾ ਛੰਤ ਮਹਲਾ ੫		Kaanarraa Shhanth Mehalaa 5	Kaanraa, Chhant, Fifth Mehl:	ਰਾਗ ਕਾਨੜਾ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਛੰਤ' (ਛੰਦ)।
56194	1312	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
56195	1312	ਸੇ ਉਧਰੇ ਜਿਨ ਰਾਮ ਧਿਆਏ॥		Sae Oudhharae Jin Raam Dhhiaaeae ||	They alone are saved, who meditate on the Lord.	ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਸਿਮਰਿਆ, ਉਹ (ਵਿਕਾਰਾਂ ਦੀ ਮਾਰ ਤੋਂ) ਬਚ ਗਏ (ਅੰਤ ਵੇਲੇ ਭੀ ਹਰਿ-ਨਾਮ ਹੀ ਉਹਨਾਂ ਦਾ ਸਾਥੀ ਬਣਿਆ)।

56196	1312	ਜਤਨ ਮਾਇਆ ਕੇ ਕਾਮਿ ਨ ਆਏ॥		Jathan Maaeiaa Kae Kaam N Aaeae ||	Working for Maya is useless.	ਮਾਇਆ (ਇਕੱਠੀ ਕਰਨ) ਦੇ ਜਤਨ (ਤਾਂ) ਕਿਸੇ ਕੰਮ ਨਹੀਂ ਆਉਂਦੇ (ਮਾਇਆ ਇਥੇ ਹੀ ਧਰੀ ਰਹਿ ਜਾਂਦੀ ਹੈ)।
56197	1312	ਰਾਮ ਧਿਆਏ ਸਭਿ ਫਲ ਪਾਏ ਧਨਿ ਧੰਨਿ ਤੇ ਬਡਭਾਗੀਆ॥		Raam Dhhiaaeae Sabh Fal Paaeae Dhhan Dhhann Thae Baddabhaageeaa ||	Meditating on the Lord, all fruits and rewards are obtained. They are blessed, blessed and very fortunate.	ਜਿਨ੍ਹਾਂ ਨੇ ਪ੍ਰਭੂ ਦਾ ਨਾਮ ਸਿਮਰਿਆ, ਉਹਨਾਂ (ਮਨੁੱਖਾ ਜੀਵਨ ਦੇ) ਸਾਰੇ ਫਲ ਪ੍ਰਾਪਤ ਕਰ ਲਏ, ਉਹ ਮਨੁੱਖ ਭਾਗਾਂ ਵਾਲੇ ਹੁੰਦੇ ਹਨ, ਉਹ ਮਨੁੱਖ ਸੋਭਾ ਖੱਟ ਜਾਂਦੇ ਹਨ।
56198	1312	ਸਤਸੰਗਿ ਜਾਗੇ ਨਾਮਿ ਲਾਗੇ ਏਕ ਸਿਉ ਲਿਵ ਲਾਗੀਆ॥		Sathasang Jaagae Naam Laagae Eaek Sio Liv Laageeaa ||	They are awake and aware in the True Congregation; attached to the Naam, they are lovingly attuned to the One.	ਉਹ ਮਨੁੱਖ ਸਾਧ ਸੰਗਤ ਵਿਚ ਟਿਕ ਕੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹੇ, ਉਹ ਹਰਿ-ਨਾਮ ਵਿਚ ਜੁੜੇ ਰਹੇ, ਉਹਨਾਂ ਦੀ (ਸਦਾ) ਇਕ ਪਰਮਾਤਮਾ ਨਾਲ ਹੀ ਸੁਰਤ ਜੁੜੀ ਰਹੀ।
56199	1312	ਤਜਿ ਮਾਨ ਮੋਹ ਬਿਕਾਰ ਸਾਧੂ ਲਗਿ ਤਰਉ ਤਿਨ ਕੈ ਪਾਏ॥	ਲੱਗਿ	Thaj Maan Moh Bikaar Saadhhoo Lag Tharo Thin Kai Paaeae ||	I have renounced pride, emotional attachment, wickedness and corruption; attached to the Holy, I am carried across at their feet.	(ਜਿਹੜੇ ਮਨੁੱਖ ਆਪਣੇ ਅੰਦਰੋਂ) ਮਾਣ ਮੋਹ ਵਿਕਾਰ ਤਿਆਗ ਕੇ ਉੱਚੇ ਆਚਰਣ ਵਾਲੇ ਬਣ ਜਾਂਦੇ ਹਨ, ਉਹਨਾਂ ਦੀ ਚਰਣੀਂ ਲੱਗ ਕੇ ਮੈਂ (ਭੀ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕਾਂ।

56200	1312	ਬਿਨਵੰਤਿ ਨਾਨਕ ਸਰਣਿ ਸੁਆਮੀ ਬਡਭਾਗਿ ਦਰਸਨੁ ਪਾਏ॥੧॥		Binavanth Naanak Saran Suaamee Baddabhaag Dharasan Paaeae ||1||	Prays Nanak, I have come to the Sanctuary of my Lord and Master; by great good fortune, I obtain the Blessed Vision of His Darshan. ||1||	ਨਾਨਕ ਬੇਨਤੀ ਕਰਦਾ ਹੈ, ਹੇ ਮੇਰੇ ਮਾਲਕ-ਪ੍ਰਭੂ! (ਮੈਨੂੰ ਉਹਨਾਂ ਦੀ) ਸਰਨ ਵਿਚ (ਰੱਖ। ਪਰ) ਵੱਡੀ ਕਿਸਮਤ ਨਾਲ (ਅਜਿਹੇ ਸਾਧੂ ਜਨਾਂ ਦਾ) ਦਰਸਨ ਪ੍ਰਾਪਤ ਹੁੰਦਾ ਹੈ ॥੧॥
56201	1312	ਮਿਲਿ ਸਾਧੂ ਨਿਤ ਭਜਹ ਨਾਰਾਇਣ॥	ਭਜਹ: ਪੋਲਾ ਬੋਲੋ	Mil Saadhhoo Nith Bhajeh Naaraaein ||	The Holy meet together, and continually vibrate and meditate on the Lord.	ਆਓ, ਸੰਤ ਜਨਾਂ ਨੂੰ ਮਿਲ ਕੇ ਸਦਾ ਪਰਮਾਤਮਾ ਦਾ ਭਜਨ ਕਰਿਆ ਕਰੀਏ,
56202	1312	ਰਸਕਿ ਰਸਕਿ ਸੁਆਮੀ ਗੁਣ ਗਾਇਣ॥		Rasak Rasak Suaamee Gun Gaaein ||	With love and excitement, they sing the Glorious Praises of their Lord and Master.	ਅਤੇ ਪੂਰੇ ਆਨੰਦ ਨਾਲ ਮਾਲਕ-ਪ੍ਰਭੂ ਦੇ ਗੁਣ ਗਾਇਆ ਕਰੀਏ।
56203	1312	ਗੁਣ ਗਾਇ ਜੀਵਹ ਹਰਿ ਅਮਿਉ ਪੀਵਹ ਜਨਮ ਮਰਣਾ ਭਾਗਏ॥		Gun Gaae Jeeveh Har Amio Peeveh Janam Maranaa Bhaageae ||	Singing His Praises they live, drinking in the Lord's Nectar; the cycle of birth and death is over for them.	ਪ੍ਰਭੂ ਦੇ ਗੁਣ ਗਾ ਗਾ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਅਸੀਂ ਪੀਂਦੇ ਰਹੀਏ ਅਤੇ ਆਤਮਕ ਜੀਵਨ ਹਾਸਲ ਕਰੀਏ। (ਹਰਿ-ਨਾਮ-ਜਲ ਦੀ ਬਰਕਤਿ ਨਾਲ) ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ।

56204	1312	ਸਤਸੰਗਿ ਪਾਈਐ ਹਰਿ ਧਿਆਈਐ ਬਹੁੜਿ ਦੂਖੁ ਨ ਲਾਗਏ॥		Sathasang Paaeeai Har Dhhiaaeeai Bahurr Dhookh N Laageae ||	Finding the True Congregation and meditating on the Lord, one is never again afflicted with pain.	(ਸੰਤ ਜਨਾਂ ਦੀ ਸੰਗਤ ਵਿਚ) ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ, ਸਤਸੰਗ ਵਿਚ (ਹੀ) ਪਰਮਾਤਮਾ ਮਿਲਦਾ ਹੈ, ਅਤੇ ਮੁੜ ਕੋਈ ਦੁੱਖ ਪੋਹ ਨਹੀਂ ਸਕਦਾ।
56205	1312	ਕਰਿ ਦਇਆ ਦਾਤੇ ਪੁਰਖ ਬਿਧਾਤੇ ਸੰਤ ਸੇਵ ਕਮਾਇਣ॥		Kar Dhaeiaa Dhaathae Purakh Bidhhaathae Santh Saev Kamaaein ||	By the Grace of the Great Giver, the Architect of Destiny, we work to serve the Saints.	ਹੇ ਦਾਤਾਰ! ਹੇ ਸਰਬ ਵਿਆਪਕ ਸਿਰਜਣਹਾਰ! (ਮੇਰੇ ਉਤੇ) ਮਿਹਰ ਕਰ, ਸੰਤ ਜਨਾਂ ਦੀ ਸੇਵਾ ਕਰਨ ਦਾ ਅਵਸਰ ਦੇਹ।
56206	1312	ਬਿਨਵੰਤਿ ਨਾਨਕ ਜਨ ਧੂਰਿ ਬਾਂਛਹਿ ਹਰਿ ਦਰਸਿ ਸਹਜਿ ਸਮਾਇਣ॥੨॥		Binavanth Naanak Jan Dhhoor Baanshhehi Har Dharas Sehaj Samaaein ||2||	Prays Nanak, I long for the dust of the feet of the humble; I am intuitively absorbed in the Blessed Vision of the Lord. ||2||	ਨਾਨਕ ਬੇਨਤੀ ਕਰਦਾ ਹੈ (ਜਿਹੜੇ ਮਨੁੱਖ) ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦੇ ਹਨ ਉਹ ਪਰਮਾਤਮਾ ਦੇ ਦਰਸਨ ਵਿਚ ਆਤਮਕ ਅਡੋਲਤਾ ਵਿਚ ਲੀਨਤਾ ਹਾਸਲ ਕਰ ਲੈਂਦੇ ਹਨ ॥੨॥
56207	1312	ਸਗਲੇ ਜੰਤ ਭਜਹੁ ਗੋਪਾਲੈ॥		Sagalae Janth Bhajahu Gopaalai ||	All beings vibrate and meditate on the Lord of the World.	ਹੇ ਸਾਰੇ ਪ੍ਰਾਣੀਓ! ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦਾ ਭਜਨ ਕਰਿਆ ਕਰੋ।
56208	1312	ਜਪ ਤਪ ਸੰਜਮ ਪੂਰਨ ਘਾਲੈ॥		Jap Thap Sanjam Pooran Ghaalai ||	This brings the merits of chanting and meditation, austere self-discipline and perfect service.	(ਇਹ ਭਜਨ ਹੀ) ਜਪ ਤਪ ਸੰਜਮ ਆਦਿਕ ਸਾਰੀ ਮਿਹਨਤ ਹੈ।

56209	1312	ਨਿਤ ਭਜਹੁ ਸੁਆਮੀ ਅੰਤਰਜਾਮੀ ਸਫਲ ਜਨਮੁ ਸਬਾਇਆ॥		Nith Bhajahu Suaamee Antharajaamee Safal Janam Sabaaeiaa ||	Vibrating and meditating continuously on our Lord and Master, the Inner-knower, the Searcher of hearts, one's life becomes totally fruitful.	ਹੇ ਪ੍ਰਾਣੀਓ! ਸਦਾ ਅੰਤਰਜਾਮੀ ਮਾਲਕ ਪ੍ਰਭੂ ਦਾ ਭਜਨ ਕਰਿਆ ਕਰੋ (ਭਜਨ ਦੀ ਬਰਕਤਿ ਨਾਲ) ਸਾਰਾ ਹੀ ਜੀਵਨ ਕਾਮਯਾਬ ਹੋ ਜਾਂਦਾ ਹੈ।
56210	1312	ਗੋਬਿਦੁ ਗਾਈਐ ਨਿਤ ਧਿਆਈਐ ਪਰਵਾਣੁ ਸੋਈ ਆਇਆ॥		Gobidh Gaaeeai Nith Dhhiaaeeai Paravaan Soee Aaeiaa ||	Those who sing and meditate continually on the Lord of the Universe - their coming into the world is blessed and approved.	ਹੇ ਪ੍ਰਾਣੀਓ! ਗੋਬਿੰਦ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ, ਸਦਾ ਸਿਮਰਨ ਕਰਨਾ ਚਾਹੀਦਾ ਹੈ, (ਜਿਹੜਾ ਸਿਮਰਨ-ਭਜਨ ਕਰਦਾ ਹੈ) ਉਹੀ ਜਗਤ ਵਿਚ ਜੰਮਿਆ ਕਬੂਲ ਸਮਝੋ।
56211	1312	ਜਪ ਤਾਪ ਸੰਜਮ ਹਰਿ ਹਰਿ ਨਿਰੰਜਨ ਗੋਬਿੰਦ ਧਨੁ ਸੰਗਿ ਚਾਲੈ॥		Jap Thaap Sanjam Har Har Niranjan Gobindh Dhhan Sang Chaalai ||	The Immaculate Lord, Har, Har, is meditation and chanting, and austere self-discipline; only the Wealth of the Lord of the Universe shall go along with you in the end.	ਹੇ ਪ੍ਰਾਣੀਓ! ਮਾਇਆ-ਰਹਿਤ ਹਰੀ ਦਾ ਸਿਮਰਨ ਹੀ ਜਪ ਤਪ ਸੰਜਮ (ਆਦਿਕ ਉੱਦਮ) ਹੈ। ਪਰਮਾਤਮਾ ਦਾ (ਨਾਮ-) ਧਨ ਹੀ (ਮਨੁੱਖ ਦੇ) ਨਾਲ ਜਾਂਦਾ ਹੈ।

56212	1312	ਬਿਨਵੰਤਿ ਨਾਨਕ ਕਰਿ ਦਇਆ ਦੀਜੈ ਹਰਿ ਰਤਨੁ ਬਾਧਉ ਪਾਲੈ॥੩॥		Binavanth Naanak Kar Dhaeiaa Dheejai Har Rathan Baadhho Paalai ||3||	Prays Nanak, please grant Your Grace, O Lord, and bless me with the Jewel, that I may carry it in my pocket. ||3||	ਨਾਨਕ ਬੇਨਤੀ ਕਰਦਾ ਹੈ (ਤੇ, ਆਖਦਾ ਹੈ ਕਿ ਹੇ ਪ੍ਰਭੂ) ਮਿਹਰ ਕਰ ਕੇ (ਮੈਨੂੰ ਆਪਣਾ) ਨਾਮ-ਰਤਨ ਦੇਹ ਮੈਂ (ਆਪਣੇ) ਪੱਲੇ ਬੰਨ੍ਹ ਲਵਾਂ ॥੩॥
56213	1312	ਮੰਗਲਚਾਰ ਚੋਜ ਆਨੰਦਾ॥		Mangalachaar Choj Aanandhaa ||	His Wondrous and Amazing Plays are blissful	(ਉਸ ਦੇ ਹਿਰਦੇ ਵਿਚ) ਆਤਮਕ ਆਨੰਦ ਖ਼ੁਸ਼ੀਆਂ ਪੈਦਾ ਹੋ ਜਾਂਦੀਆਂ ਹਨ,
56214	1312	ਕਰਿ ਕਿਰਪਾ ਮਿਲੇ ਪਰਮਾਨੰਦਾ॥		Kar Kirapaa Milae Paramaanandhaa ||	Granting His Grace, He bestows supreme ecstasy.	(ਜਿਸ ਜੀਵ-ਇਸਤ੍ਰੀ ਨੂੰ) ਸਭ ਤੋਂ ਉੱਚੇ ਆਨੰਦ ਦੇ ਮਾਲਕ ਪ੍ਰਭੂ ਜੀ ਮਿਹਰ ਕਰ ਕੇ ਮਿਲ ਪੈਂਦੇ ਹਨ।
56215	1312	ਪ੍ਰਭ ਮਿਲੇ ਸੁਆਮੀ ਸੁਖਹਗਾਮੀ ਇਛ ਮਨ ਕੀ ਪੁੰਨੀਆ॥		Prabh Milae Suaamee Sukhehagaamee Eishh Man Kee Punneeaa ||	God, my Lord and Master, the Bringer of peace, has met me, and the desires of my mind are fulfilled.	ਸੁਖ ਦੇਣ ਵਾਲੇ ਮਾਲਕ-ਪ੍ਰਭੂ ਜੀ (ਜਿਸ ਜੀਵ-ਇਸਤ੍ਰੀ ਨੂੰ) ਮਿਲ ਪੈਂਦੇ ਹਨ, (ਉਸ ਦੇ) ਮਨ ਦੀ (ਹਰੇਕ) ਇੱਛਾ ਪੂਰੀ ਹੋ ਜਾਂਦੀ ਹੈ,
56216	1312	ਬਜੀ ਬਧਾਈ ਸਹਜੇ ਸਮਾਈ ਬਹੁੜਿ ਦੂਖਿ ਨ ਰੁੰਨੀਆ॥		Bajee Badhhaaee Sehajae Samaaee Bahurr Dhookh N Runneeaa ||	Congratulations pour in; I am intuitively absorbed in the Lord. I shall never again cry out in pain.	ਉਸ ਦੇ ਚਿੱਤ ਵਿਚ ਹੁਲਾਰਾ ਜਿਹਾ ਆਇਆ ਰਹਿੰਦਾ ਹੈ, ਉਹ ਆਤਮਕ ਅਡੋਲਤਾ ਵਿਚ ਟਿਕੀ ਰਹਿੰਦੀ ਹੈ, ਉਹ ਫਿਰ ਕਦੇ ਕਿਸੇ ਦੁੱਖ ਦੇ ਕਾਰਨ ਘਬਰਾਂਦੀ ਨਹੀਂ।

56217	1312	ਲੇ ਕੰਠਿ ਲਾਏ ਸੁਖ ਦਿਖਾਏ ਬਿਕਾਰ ਬਿਨਸੇ ਮੰਦਾ॥		Lae Kanth Laaeae Sukh Dhikhaaeae Bikaar Binasae Mandhaa ||	He hugs me close in His Embrace, and blesses me with peace; the evil of sin and corruption is gone.	(ਪ੍ਰਭੂ ਜੀ) ਜਿਸ (ਜੀਵ-ਇਸਤ੍ਰੀ) ਨੂੰ ਗਲ ਨਾਲ ਲਾ ਲੈਂਦੇ ਹਨ, ਉਸ ਨੂੰ (ਸਾਰੇ) ਸੁਖ ਵਿਖਾਂਦੇ ਹਨ, ਉਸ ਦੇ ਅੰਦਰੋਂ ਸਾਰੇ ਵਿਕਾਰ ਸਾਰੇ ਭੈੜ ਨਾਸ ਹੋ ਜਾਂਦੇ ਹਨ।
56218	1312	ਬਿਨਵੰਤਿ ਨਾਨਕ ਮਿਲੇ ਸੁਆਮੀ ਪੁਰਖ ਪਰਮਾਨੰਦਾ॥੪॥੧॥		Binavanth Naanak Milae Suaamee Purakh Paramaanandhaa ||4||1||	Prays Nanak, I have met my Lord and Master, the Primal Lord, the Embodiment of Bliss. ||4||1||	ਨਾਨਕ ਬੇਨਤੀ ਕਰਦਾ ਹੈ ਕਿ (ਇਉਂ ਉਸ ਜੀਵ-ਇਸਤਰੀ ਨੂੰ) ਸਭ ਤੋਂ ਉੱਚੇ ਆਨੰਦ ਦੇ ਮਾਲਕ ਪ੍ਰਭੂ ਜੀ ਦਾ ਮਿਲਾਪ ਹੋ ਜਾਂਦਾ ਹੈ ॥੪॥੧॥
56219	1312	ਕਾਨੜੇ ਕੀ ਵਾਰ ਮਹਲਾ ੪ ਮੂਸੇ ਕੀ ਵਾਰ ਕੀ ਧੁਨੀ		Kaanarrae Kee Vaar Mehalaa 4 Moosae Kee Vaar Kee Dhhunee	Vaar Of Kaanraa, Fourth Mehl, Sung To The Tune Of The Ballad Of Musa:	ਗੁਰੂ ਰਾਮਦਾਸ ਜੀ ਦੀ ਇਸ ਵਾਰ ਨੂੰ ਮੂਸੇ ਦੀ ਵਾਰ ਦੀ ਸੁਰ ਤੇ ਗਾਉਣਾ ਹੈ।
56220	1312	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
56221	1312	ਸਲੋਕ ਮਃ ੪॥		Salok Ma 4 ||	Shalok, Fourth Mehl:	ਗੁਰੂ ਰਾਮਦਾਸ ਜੀ ਦੇ ਸਲੋਕ।
56222	1312	ਰਾਮ ਨਾਮੁ ਨਿਧਾਨੁ ਹਰਿ ਗੁਰਮਤਿ ਰਖੁ ਉਰ ਧਾਰਿ॥		Raam Naam Nidhhaan Har Guramath Rakh Our Dhhaar ||	Follow the Guru's Teachings, and enshrine the Treasure of the Lord's Name within your heart.	ਪਰਮਾਤਮਾ ਦਾ ਨਾਮ (ਅਸਲ) ਖ਼ਜ਼ਾਨਾ (ਹੈ) ਸਤਿਗੁਰੂ ਦੀ ਸਿੱਖਿਆ ਉਤੇ ਤੁਰ ਕੇ (ਇਸ ਨੂੰ ਆਪਣੇ) ਹਿਰਦੇ ਵਿਚ ਪ੍ਰੋ ਰੱਖ।

56223	1312	ਦਾਸਨ ਦਾਸਾ ਹੋਇ ਰਹੁ ਹਉਮੈ ਬਿਖਿਆ ਮਾਰਿ॥		Dhaasan Dhaasaa Hoe Rahu Houmai Bikhiaa Maar ||	Become the slave of the Lord's slaves, and conquer egotism and corruption.	(ਇਸ ਨਾਮ ਦੀ ਬਰਕਤਿ ਨਾਲ) ਹਉਮੈ (-ਰੂਪ) ਮਾਇਆ (ਦੇ ਪ੍ਰਭਾਵ) ਨੂੰ (ਆਪਣੇ ਅੰਦਰੋਂ) ਮੁਕਾ ਕੇ (ਪਰਮਾਤਮਾ ਦੇ) ਸੇਵਕਾਂ ਦਾ ਸੇਵਕ ਬਣਿਆ ਰਹੁ।
56224	1312	ਜਨਮੁ ਪਦਾਰਥੁ ਜੀਤਿਆ ਕਦੇ ਨ ਆਵੈ ਹਾਰਿ॥		Janam Padhaarathh Jeethiaa Kadhae N Aavai Haar ||	You shall win this treasure of life; you shall never lose.	(ਜਿਹੜਾ ਮਨੁੱਖ ਇਹ ਉੱਦਮ ਕਰਦਾ ਹੈ, ਉਹ) ਮਨੁੱਖਾ ਜਨਮ ਦਾ ਕੀਮਤੀ ਮਨੋਰਥ ਹਾਸਲ ਕਰ ਕੇ (ਜਗਤ ਤੋਂ ਮਨੁੱਖਾ ਜੀਵਨ ਦੀ ਬਾਜ਼ੀ) ਹਾਰ ਕੇ ਕਦੇ ਨਹੀਂ ਆਉਂਦਾ।
56225	1312	ਧਨੁ ਧਨੁ ਵਡਭਾਗੀ ਨਾਨਕਾ ਜਿਨ ਗੁਰਮਤਿ ਹਰਿ ਰਸੁ ਸਾਰਿ॥੧॥		Dhhan Dhhan Vaddabhaagee Naanakaa Jin Guramath Har Ras Saar ||1||	Blessed, blessed and very fortunate are those, O Nanak, who savor the Sublime Essence of the Lord through the Guru's Teachings. ||1||	ਹੇ ਨਾਨਕ! ਧੰਨ ਹਨ ਉਹ ਵੱਡੇ ਭਾਗਾਂ ਵਾਲੇ ਮਨੁੱਖ; ਜਿਨ੍ਹਾਂ ਨੇ ਸਤਿਗੁਰ ਦੀ ਸਿੱਖਿਆ ਉਤੇ ਤੁਰ ਕੇ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਿਆ ਹੈ ॥੧॥
56226	1312	ਮਃ ੪॥		Ma 4 ||	Fourth Mehl:	
56227	1312	ਗੋਵਿੰਦੁ ਗੋਵਿਦੁ ਗੋਵਿਦੁ ਹਰਿ ਗੋਵਿਦੁ ਗੁਣੀ ਨਿਧਾਨੁ॥		Govindh Govidh Govidh Har Govidh Gunee Nidhhaan ||	Govind, Govind, Govind - the Lord God, the Lord of the Universe is the Treasure of Virtue.	ਸਿਰਫ਼ ਪਰਮਾਤਮਾ ਹੀ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ।

56228	1312	ਗੋਵਿਦੁ ਗੋਵਿਦੁ ਗੁਰਮਤਿ ਧਿਆਈਐ ਤਾਂ ਦਰਗਹ ਪਾਈਐ ਮਾਨੁ॥		Govidh Govidh Guramath Dhhiaaeeai Thaan Dharageh Paaeeai Maan ||	Meditating on Govind, Govind, the Lord of the Universe, through the Guru's Teachings, you shall be honored in the Court of the Lord.	ਜਦੋਂ ਗੁਰੂ ਦੀ ਸਿੱਖਿਆ ਉਤੇ ਤੁਰ ਕੇ ਪਰਮਾਤਮਾ ਨੂੰ ਸਿਮਰਿਆ ਜਾਏ ਤਦੋਂ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਮਿਲਦਾ ਹੈ।
56229	1313	ਗੋਵਿਦੁ ਗੋਵਿਦੁ ਗੋਵਿਦੁ ਜਪਿ ਮੁਖੁ ਊਜਲਾ ਪਰਧਾਨੁ॥		Govidh Govidh Govidh Jap Mukh Oojalaa Paradhhaan ||	Meditating on God, chanting Govind, Govind, Govind, your face shall be radiant; you shall be famous and exalted.	ਸਦਾ ਪ੍ਰਭੂ ਦਾ ਨਾਮ ਜਪ ਕੇ (ਲੋਕ ਪਰਲੋਕ ਵਿਚ) ਸੁਰਖ਼ਰੂ ਹੋਈਦਾ ਹੈ ਤੇ ਪ੍ਰਧਾਨਤਾ ਮਿਲਦੀ ਹੈ।
56230	1313	ਨਾਨਕ ਗੁਰੁ ਗੋਵਿੰਦੁ ਹਰਿ ਜਿਤੁ ਮਿਲਿ ਹਰਿ ਪਾਇਆ ਨਾਮੁ॥੨॥		Naanak Gur Govindh Har Jith Mil Har Paaeiaa Naam ||2||	O Nanak, the Guru is the Lord God, the Lord of the Universe; meeting Him, you shall obtain the Name of the Lord. ||2||	ਹੇ ਨਾਨਕ! ਗੁਰੂ ਪਰਮਾਤਮਾ (ਦਾ ਰੂਪ) ਹੈ; ਉਸ (ਗੁਰੂ) ਵਿਚ ਮਿਲ ਕੇ (ਗੁਰੂ ਦੇ ਦੱਸੇ ਰਾਹ ਤੇ ਤੁਰ ਕੇ) ਪਰਮਾਤਮਾ ਦਾ ਨਾਮ ਪ੍ਰਾਪਤ ਹੁੰਦਾ ਹੈ ॥੨॥
56231	1313	ਪਉੜੀ॥	:ਪੋਲਾ ਬੋਲੋਜੁਗ ਜੁੜੇ	Pourree ||	Pauree:	
56232	1313	ਤੂੰ ਆਪੇ ਹੀ ਸਿਧ ਸਾਧਿਕੋ ਤੂ ਆਪੇ ਹੀ ਜੁਗ ਜੋਗੀਆ॥		Thoon Aapae Hee Sidhh Saadhhiko Thoo Aapae Hee Jug Jogeeaa ||	You Yourself are the Siddha and the seeker; You Yourself are the Yoga and the Yogi.	ਹੇ ਪ੍ਰਭੂ! ਤੂੰ ਆਪ ਹੀ (ਜੋਗ-ਸਾਧਨਾਂ ਵਿਚ) ਪੁੱਗਾ ਹੋਇਆ ਜੋਗੀ ਹੈਂ, ਤੂੰ ਆਪ ਹੀ ਸਾਧਨ ਕਰਨ ਵਾਲਾ ਹੈਂ, ਤੂੰ ਆਪ ਹੀ ਜੋਗ ਵਿਚ ਜੁੜਨ ਵਾਲਾ ਹੈਂ।

56233	1313	ਤੂ ਆਪੇ ਹੀ ਰਸ ਰਸੀਅੜਾ ਤੂ ਆਪੇ ਹੀ ਭੋਗ ਭੋਗੀਆ॥		Thoo Aapae Hee Ras Raseearraa Thoo Aapae Hee Bhog Bhogeeaa ||	You Yourself are the Taster of tastes; You Yourself are the Enjoyer of pleasures.	ਤੂੰ ਆਪ ਹੀ (ਮਾਇਕ ਪਦਾਰਥਾਂ ਦੇ) ਰਸ ਚੱਖਣ ਵਾਲਾ ਹੈਂ, ਤੂੰ ਆਪ ਹੀ (ਮਾਇਕ ਪਦਾਰਥਾਂ ਦੇ) ਭੋਗ ਭੋਗਣ ਵਾਲਾ ਹੈਂ,
56234	1313	ਤੂ ਆਪੇ ਆਪਿ ਵਰਤਦਾ ਤੂ ਆਪੇ ਕਰਹਿ ਸੁ ਹੋਗੀਆ॥		Thoo Aapae Aap Varathadhaa Thoo Aapae Karehi S Hogeeaa ||	You Yourself are All-pervading; whatever You do comes to pass.	(ਕਿਉਂਕਿ ਜੋਗੀਆਂ ਵਿਚ ਭੀ ਤੇ ਗ੍ਰਿਹਸਤੀਆਂ ਵਿਚ ਭੀ ਹਰ ਥਾਂ) ਤੂੰ ਆਪ ਹੀ ਆਪ ਮੌਜੂਦ ਹੈਂ, ਜੋ ਕੁਝ ਤੂੰ ਕਰਦਾ ਹੈਂ, ਉਹੀ ਹੁੰਦਾ ਹੈ।
56235	1313	ਸਤਸੰਗਤਿ ਸਤਿਗੁਰ ਧੰਨੁ ਧਨੋ ਧੰਨ ਧੰਨ ਧਨੋ ਜਿਤੁ ਮਿਲਿ ਹਰਿ ਬੁਲਗ ਬੁਲੋਗੀਆ॥		Sathasangath Sathigur Dhhann Dhhanuo Dhhann Dhhann Dhhano Jith Mil Har Bulag Bulogeeaa ||	Blessed, blessed, blessed, blessed is the Sat Sangat, the True Congregation of the True Guru. Join them - speak and chant the Lord's Name.	ਗੁਰੂ ਦੀ ਸਾਧ ਸੰਗਤ ਧੰਨ ਹੈ ਧੰਨ ਹੈ ਜਿਸ ਵਿਚ ਮਿਲ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਬੋਲ ਬੋਲੇ ਜਾ ਸਕਦੇ ਹਨ।
56236	1313	ਸਭਿ ਕਹਹੁ ਮੁਖਹੁ ਹਰਿ ਹਰਿ ਹਰੇ ਹਰਿ ਹਰਿ ਹਰੇ ਹਰਿ ਬੋਲਤ ਸਭਿ ਪਾਪ ਲਹੋਗੀਆ॥੧॥		Sabh Kehahu Mukhahu Har Har Harae Har Har Harae Har Bolath Sabh Paap Lehogeeaa ||1||	Let everyone chant together the Name of the Lord, Har, Har, Haray, Har, Har, Haray; chanting Har, all sins are washed away. ||1||	(ਸਾਧ ਸੰਗਤ ਵਿਚ ਬੈਠ ਕੇ) ਸਾਰੇ (ਆਪਣੇ ਮੂੰਹੋਂ ਸਦਾ ਹਰ ਵੇਲੇ ਪਰਮਾਤਮਾ ਦਾ ਨਾਮ ਜਪਿਆਂ ਸਾਰੇ ਪਿਛਲੇ ਕੀਤੇ) ਪਾਪ ਦੂਰ ਹੋ ਜਾਂਦੇ ਹਨ ॥੧॥

56237	1313	ਸਲੋਕ ਮਃ ੪॥		Salok Ma 4 ||	Shalok, Fourth Mehl:	
56238	1313	ਹਰਿ ਹਰਿ ਹਰਿ ਹਰਿ ਨਾਮੁ ਹੈ ਗੁਰਮੁਖਿ ਪਾਵੈ ਕੋਇ॥		Har Har Har Har Naam Hai Guramukh Paavai Koe ||	Har, Har, Har, Har is the Name of the Lord; rare are those who, as Gurmukh, obtain it.	ਸਦਾ ਹੀ ਪਰਮਾਤਮਾ ਦਾ ਨਾਮ (ਸਿਮਰਨ ਦੀ ਦਾਤਿ) ਕੋਈ ਵਿਰਲਾ ਮਨੁੱਖ ਗੁਰੂ ਦੇ ਦੱਸੇ ਰਸਤੇ ਉਤੇ ਤੁਰ ਕੇ ਹਾਸਲ ਕਰਦਾ ਹੈ,
56239	1313	ਹਉਮੈ ਮਮਤਾ ਨਾਸੁ ਹੋਇ ਦੁਰਮਤਿ ਕਢੈ ਧੋਇ॥		Houmai Mamathaa Naas Hoe Dhuramath Kadtai Dhhoe ||	Egotism and possessiveness are eradicated, and evil-mindedness is washed away.	(ਜਿਹੜਾ ਮਨੁੱਖ ਇਹ ਦਾਤ ਪ੍ਰਾਪਤ ਕਰਦਾ ਹੈ, ਉਸ ਦੇ ਅੰਦਰੋਂ) ਹਉਮੈ ਅਤੇ ਅਪਣੱਤ ਦਾ ਨਾਸ ਹੋ ਜਾਂਦਾ ਹੈ (ਉਹ ਮਨੁੱਖ ਆਪਣੇ ਅੰਦਰੋਂ ਨਾਮ ਦੀ ਬਰਕਤਿ ਨਾਲ) ਭੈੜੀ ਮੱਤ (ਦੀ ਮੈਲ) ਧੋ ਕੇ ਕੱਢ ਦੇਂਦਾ ਹੈ;
56240	1313	ਨਾਨਕ ਅਨ ਦਿਨੁ ਗੁਣ ਉਚਰੈ ਜਿਨ ਕਉ ਧੁਰਿ ਲਿਖਿਆ ਹੋਇ॥੧॥		Naanak Anadhin Gun Oucharai Jin Ko Dhhur Likhiaa Hoe ||1||	O Nanak, one who is blessed with such pre-ordained destiny chants the Lord's Praises, night and day. ||1||	ਹੇ ਨਾਨਕ! (ਉਹ ਮਨੁੱਖ) ਹਰ ਵੇਲੇ (ਪਰਮਾਤਮਾ ਦੇ) ਗੁਣ ਉਚਾਰਦਾ ਹੈ (ਪਰ ਉਹੀ ਮਨੁੱਖ ਪਰਮਾਤਮਾ ਦੇ ਗੁਣ ਉਚਾਰਦੇ ਹਨ) ਜਿਨ੍ਹਾਂ ਦੇ ਭਾਗਾਂ ਵਿਚ ਧੁਰ ਤੋਂ (ਕੀਤੇ ਕਰਮਾਂ ਅਨੁਸਾਰ ਨਾਮ ਸਿਮਰਨ ਦੇ ਸੰਸਕਾਰਾਂ ਦਾ ਲੇਖ) ਲਿਖਿਆ ਹੁੰਦਾ ਹੈ ॥੧॥
56241	1313	ਮਃ ੪॥		Ma 4 ||	Fourth Mehl:	

56242	1313	ਹਰਿ ਆਪੇ ਆਪਿ ਦਇਆਲੁ ਹਰਿ ਆਪੇ ਕਰੇ ਸੁ ਹੋਇ॥		Har Aapae Aap Dhaeiaal Har Aapae Karae S Hoe ||	The Lord Himself is Merciful; whatever the Lord Himself does, comes to pass.	ਪਰਮਾਤਮਾ ਆਪ ਹੀ ਦਇਆ ਦਾ ਸੋਮਾ ਹੈ (ਜਗਤ ਵਿਚ) ਉਹੀ ਕੁਝ ਹੁੰਦਾ ਹੈ ਜੋ ਉਹ ਪਰਮਾਤਮਾ ਆਪ ਹੀ ਕਰਦਾ ਹੈ।
56243	1313	ਹਰਿ ਆਪੇ ਆਪਿ ਵਰਤਦਾ ਹਰਿ ਜੇਵਡੁ ਅਵਰੁ ਨ ਕੋਇ॥		Har Aapae Aap Varathadhaa Har Jaevadd Avar N Koe ||	The Lord Himself is All-pervading. There is no other as Great as the Lord.	ਪਰਮਾਤਮਾ ਆਪ ਹੀ (ਹਰ ਥਾਂ) ਮੌਜੂਦ ਹੈ, ਕੋਈ ਹੋਰ ਉਸ ਦੇ ਬਰਾਬਰ ਦਾ ਨਹੀਂ ਹੈ।
56244	1313	ਜੋ ਹਰਿ ਪ੍ਰਭ ਭਾਵੈ ਸੋ ਥੀਐ ਜੋ ਹਰਿ ਪ੍ਰਭੁ ਕਰੇ ਸੁ ਹੋਇ॥		Jo Har Prabh Bhaavai So Thheeai Jo Har Prabh Karae S Hoe ||	Whatever pleases the Lord God's Will comes to pass; whatever the Lord God does is done.	ਜੋ ਕੁਝ ਪ੍ਰਭੂ ਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ, ਜੋ ਕੁਝ ਉਹ ਪ੍ਰਭੂ ਕਰਦਾ ਹੈ ਉਹੀ ਹੁੰਦਾ ਹੈ।
56245	1313	ਕੀਮਤਿ ਕਿਨੈ ਨ ਪਾਈਆ ਬੇਅੰਤੁ ਪ੍ਰਭੂ ਹਰਿ ਸੋਇ॥		Keemath Kinai N Paaeeaa Baeanth Prabhoo Har Soe ||	No one can appraise His Value; the Lord God is Endless.	ਉਸ ਪਰਮਾਤਮਾ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਕਿਸੇ (ਮਨੁੱਖ) ਨੇ ਉਸ ਦਾ ਮੁੱਲ ਨਹੀਂ ਪਾਇਆ।
56246	1313	ਨਾਨਕ ਗੁਰਮੁਖਿ ਹਰਿ ਸਾਲਾਹਿਆ ਤਨੁ ਮਨੁ ਸੀਤਲੁ ਹੋਇ॥੨॥		Naanak Guramukh Har Saalaahiaa Than Man Seethal Hoe ||2||	O Nanak, as Gurmukh, praise the Lord; your body and mind shall be cooled and soothed. ||2||	ਹੇ ਨਾਨਕ! ਜਿਸ ਮਨੁੱਖ ਨੇ ਗੁਰੂ ਦੇ ਦੱਸੇ ਰਸਤੇ ਤੇ ਤੁਰ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ ਹੈ, ਉਸ ਦਾ ਤਨ ਉਸ ਦਾ ਮਨ (ਵਿਕਾਰਾਂ ਵਲੋਂ) ਠੰਢਾ-ਠਾਰ ਹੋ ਜਾਂਦਾ ਹੈ ॥੨॥

56247	1313	ਪਉੜੀ॥		Pourree ||	Pauree:	
56248	1313	ਸਭ ਜੋਤਿ ਤੇਰੀ ਜਗਜੀਵਨਾ ਤੂ ਘਟਿ ਘਟਿ ਹਰਿ ਰੰਗ ਰੰਗਨਾ॥	ਜੱਗਜੀਵਨਾ	Sabh Joth Thaeree Jagajeevanaa Thoo Ghatt Ghatt Har Rang Ranganaa ||	You are the Light of all, the Life of the World; You imbue each and every heart with Your Love.	ਹੇ ਜਗਤ ਦੇ ਜੀਵਨ ਪ੍ਰਭੂ! ਸਾਰੀ ਸ੍ਰਿਸ਼ਟੀ ਵਿਚ ਤੇਰਾ ਹੀ ਨੂਰ (ਚਾਨਣ ਕਰ ਰਿਹਾ ਹੈ), ਤੂੰ ਹਰੇਕ ਸਰੀਰ ਵਿਚ (ਮੌਜੂਦ ਹੈਂ ਤੇ ਆਪਣੇ ਨਾਮ ਦੀ) ਰੰਗਣ ਚਾੜ੍ਹਨ ਵਾਲਾ ਹੈਂ।
56249	1313	ਸਭਿ ਧਿਆਵਹਿ ਤੁਧੁ ਮੇਰੇ ਪ੍ਰੀਤਮਾ ਤੂ ਸਤਿ ਸਤਿ ਪੁਰਖ ਨਿਰੰਜਨਾ॥		Sabh Dhhiaavehi Thudhh Maerae Preethamaa Thoo Sath Sath Purakh Niranjanaa ||	All meditate on You, O my Beloved; You are the True, True Primal Being, the Immaculate Lord.	ਹੇ ਮੇਰੇ ਪ੍ਰੀਤਮ! ਸਾਰੇ ਜੀਵ ਤੈਨੂੰ (ਹੀ) ਸਿਮਰਦੇ ਹਨ। ਹੇ ਸਰਬ-ਵਿਆਪਕ (ਤੇ ਫਿਰ ਭੀ) ਨਿਰਲੇਪ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ ਸਦਾ ਕਾਇਮ ਰਹਿਣ ਵਾਲਾ ਹੈਂ।
56250	1313	ਇਕੁ ਦਾਤਾ ਸਭੁ ਜਗਤੁ ਭਿਖਾਰੀਆ ਹਰਿ ਜਾਚਹਿ ਸਭ ਮੰਗ ਮੰਗਨਾ॥	ਜੱਗਤੁ	Eik Dhaathaa Sabh Jagath Bhikhaareeaa Har Jaachehi Sabh Mang Manganaa ||	The One is the Giver; the whole world is the beggar. All the beggars beg for His Gifts.	ਹੇ ਪ੍ਰਭੂ! ਤੂੰ ਹੀ ਦਾਤਾ ਦੇਣ ਵਾਲਾ ਹੈਂ, ਸਾਰਾ ਜਗਤ (ਤੇਰੇ ਦਰ ਦਾ) ਮੰਗਤਾ ਹੈ। ਹੇ ਹਰੀ! ਹਰੇਕ ਮੰਗ (ਜੀਵ ਤੈਥੋਂ ਹੀ) ਮੰਗਦੇ ਹਨ।
56251	1313	ਸੇਵਕੁ ਠਾਕੁਰੁ ਸਭੁ ਤੂਹੈ ਤੂਹੈ ਗੁਰਮਤੀ ਹਰਿ ਚੰਗ ਚੰਗਨਾ॥		Saevak Thaakur Sabh Thoohai Thoohai Guramathee Har Chang Changanaa ||	You are the servant, and You are the Lord and Master of all. Through the Guru's Teachings, we are ennobled and uplifted.	ਤੂੰ ਆਪ ਹੀ ਮਾਲਕ ਹੈਂ। ਹੇ ਹਰੀ! ਗੁਰੂ ਦੀ ਮੱਤ ਉਤੇ ਤੁਰਿਆ ਤੂੰ ਬਹੁਤ ਪਿਆਰਾ ਲੱਗਦਾ ਹੈਂ।

56252	1313	ਸਭਿ ਕਹਹੁ ਮੁਖਹੁ ਰਿਖੀਕੇਸੁ ਹਰੇ ਰਿਖੀਕੇਸੁ ਹਰੇ ਜਿਤੁ ਪਾਵਹਿ ਸਭ ਫਲ ਫਲਨਾ॥੨॥		Sabh Kehahu Mukhahu Rikheekaes Harae Rikheekaes Harae Jith Paavehi Sabh Fal Falanaa ||2||	Let everyone say that the Lord is the Master of the senses, the Master of all faculties; through Him, we obtain all fruits and rewards. ||2||	ਪਰਮਾਤਮਾ (ਸਾਰੇ) ਇੰਦ੍ਰਿਆਂ ਦਾ ਮਾਲਕ ਹੈ, ਤੁਸੀਂ ਸਾਰੇ ਆਪਣੇ ਮੂੰਹੋਂ ਉਸ ਦੀ ਸਿਫ਼ਤ-ਸਾਲਾਹ ਕਰੋ, ਉਸ ਦਾ ਨਾਮ ਜਪੋ, ਉਸ ਦੇ ਨਾਮ ਦੀ ਬਰਕਤਿ ਨਾਲ ਹੀ (ਜੀਵ) ਸਾਰੇ ਫਲ ਪ੍ਰਾਪਤ ਕਰਦੇ ਹਨ ॥੨॥
56253	1313	ਸਲੋਕ ਮਃ ੪॥		Salok Ma 4 ||	Shalok, Fourth Mehl:	
56254	1313	ਹਰਿ ਹਰਿ ਨਾਮੁ ਧਿਆਇ ਮਨ ਹਰਿ ਦਰਗਹ ਪਾਵਹਿ ਮਾਨੁ॥		Har Har Naam Dhhiaae Man Har Dharageh Paavehi Maan ||	O mind, meditate on the Name of the Lord, Har, Har; you shall be honored in the Court of the Lord.	ਹੇ (ਮੇਰੇ) ਮਨ! ਸਦਾ ਪਰਮਾਤਮਾ ਦਾ ਨਾਮ ਸਿਮਰਿਆ ਕਰ, ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਹਾਸਲ ਕਰੇਂਗਾ।
56255	1313	ਜੋ ਇਛਹਿ ਸੋ ਫਲੁ ਪਾਇਸੀ ਗੁਰ ਸਬਦੀ ਲਗੈ ਧਿਆਨੁ॥		Jo Eishhehi So Fal Paaeisee Gur Sabadhee Lagai Dhhiaan ||	You shall obtain the fruits that you desire, focusing your meditation on the Word of the Guru's Shabad.	(ਪਰਮਾਤਮਾ ਪਾਸੋਂ) ਜੋ ਤੂੰ ਮੰਗੇਂਗਾ ਉਹੀ ਫਲ (ਉਹ) ਦੇਵੇਗਾ। (ਪਰ) ਗੁਰੂ ਦੇ ਸ਼ਬਦ ਦੀ ਰਾਹੀਂ ਹੀ (ਪ੍ਰਭੂ ਵਿਚ) ਸੁਰਤ ਜੁੜ ਸਕਦੀ ਹੈ।
56256	1313	ਕਿਲਵਿਖ ਪਾਪ ਸਭਿ ਕਟੀਅਹਿ ਹਉਮੈ ਚੁਕੈ ਗੁਮਾਨੁ॥		Kilavikh Paap Sabh Katteeahi Houmai Chukai Gumaan ||	All your sins and mistakes shall be wiped away, and you shall be rid of egotism and pride.	(ਜਿਸ ਮਨੁੱਖ ਦੀ ਜੁੜਦੀ ਹੈ, ਉਸ ਦੇ) ਸਾਰੇ ਪਾਪ ਵਿਕਾਰ ਕੱਟੇ ਜਾਂਦੇ ਹਨ; (ਉਸ ਦੇ ਅੰਦਰੋਂ) ਹਉਮੈ ਮੁੱਕ ਜਾਂਦੀ ਹੈ ਅਹੰਕਾਰ ਦੂਰ ਹੋ ਜਾਂਦਾ ਹੈ।

56257	1313	ਗੁਰਮੁਖਿ ਕਮਲੁ ਵਿਗਸਿਆ ਸਭੁ ਆਤਮ ਬ੍ਰਹਮੁ ਪਛਾਨੁ॥	ਵਿਗਸਿਆ: ਪੋਲਾ ਬੋਲੋ	Guramukh Kamal Vigasiaa Sabh Aatham Breham Pashhaan ||	The heart-lotus of the Gurmukh blossoms forth, recognizing God within every soul.	ਹੇ ਮੇਰੇ ਮਨ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਾ ਹਿਰਦਾ-ਕੌਲ-ਫੁੱਲ ਖਿੜ ਪੈਂਦਾ ਹੈ, ਉਹ ਥਾਂ ਪਰਮਾਤਮਾ ਨੂੰ ਵੱਸਦਾ ਪਛਾਨਣ-ਜੋਗ ਹੋ ਜਾਂਦਾ ਹੈ।
56258	1313	ਹਰਿ ਹਰਿ ਕਿਰਪਾ ਧਾਰਿ ਪ੍ਰਭ ਜਨ ਨਾਨਕ ਜਪਿ ਹਰਿ ਨਾਮੁ॥੧॥		Har Har Kirapaa Dhhaar Prabh Jan Naanak Jap Har Naam ||1||	O Lord God, please shower Your Mercy upon servant Nanak, that he may chant the Lord's Name. ||1||	ਹੇ ਪ੍ਰਭੂ! ਦਾਸ (ਨਾਨਕ) ਉਤੇ ਮਿਹਰ ਕਰ, (ਮੈਂ ਤੇਰਾ ਦਾਸ ਭੀ) ਨਾਮ ਜਪਦਾ ਰਹਾਂ ॥੧॥
56259	1313	ਮਃ ੪॥		Ma 4 ||	Fourth Mehl:	
56260	1313	ਹਰਿ ਹਰਿ ਨਾਮੁ ਪਵਿਤੁ ਹੈ ਨਾਮੁ ਜਪਤ ਦੁਖੁ ਜਾਇ॥		Har Har Naam Pavith Hai Naam Japath Dhukh Jaae ||	The Name of the Lord, Har, Har, is Sacred and Immaculate. Chanting the Naam, pain is dispelled.	ਪਰਮਾਤਮਾ ਦਾ ਨਾਮ (ਆਤਮਕ ਜੀਵਨ ਨੂੰ) ਸੁੱਚਾ ਬਨਾਣ-ਜੋਗ ਹੈ, ਨਾਮ ਜਪਿਆਂ (ਹਰੇਕ) ਦੁੱਖ ਦੂਰ ਹੋ ਜਾਂਦਾ ਹੈ।
56261	1313	ਜਿਨ ਕਉ ਪੂਰਬਿ ਲਿਖਿਆ ਤਿਨ ਮਨਿ ਵਸਿਆ ਆਇ॥		Jin Ko Poorab Likhiaa Thin Man Vasiaa Aae ||	God comes to abide in the minds of those who have such pre-ordained destiny.	(ਪਰ ਇਹ ਨਾਮ) ਉਹਨਾਂ (ਮਨੁੱਖਾਂ) ਦੇ ਮਨ ਵਿਚ ਆ ਕੇ ਵੱਸਦਾ ਹੈ ਜਿਨ੍ਹਾਂ ਦੇ ਭਾਗਾਂ ਵਿਚ ਮੁੱਢ ਤੋਂ (ਪਿਛਲੇ ਕੀਤੇ ਕਰਮਾਂ ਅਨੁਸਾਰ ਨਾਮ ਜਪਣ ਦੇ ਸੰਸਕਾਰਾਂ ਦਾ ਲੇਖਾ) ਲਿਖਿਆ ਹੁੰਦਾ ਹੈ।

56262	1313	ਸਤਿਗੁਰ ਕੈ ਭਾਣੈ ਜੋ ਚਲੈ ਤਿਨ ਦਾਲਦੁ ਦੁਖੁ ਲਹਿ ਜਾਇ॥		Sathigur Kai Bhaanai Jo Chalai Thin Dhaaladh Dhukh Lehi Jaae ||	Those who walk in harmony with the Will of the True Guru are rid of pain and poverty.	ਜਿਹੜਾ ਜਿਹੜਾ ਮਨੁੱਖ ਗੁਰੂ ਦੀ ਰਜ਼ਾ ਵਿਚ ਤੁਰਦਾ ਹੈ ਉਹਨਾਂ ਦਾ ਦੁੱਖ ਦਰਿੱਦ੍ਰ ਦੂਰ ਹੋ ਜਾਂਦਾ ਹੈ।
56263	1313	ਆਪਣੈ ਭਾਣੈ ਕਿਨੈ ਨ ਪਾਇਓ ਜਨ ਵੇਖਹੁ ਮਨਿ ਪਤੀਆਇ॥		Aapanai Bhaanai Kinai N Paaeiou Jan Vaekhahu Man Patheeaae ||	No one finds the Lord by his own will; see this, and satisfy your mind.	ਪਰ ਆਪਣੇ ਮਨ ਵਿਚ ਤਸੱਲੀ ਕਰ ਕੇ ਵੇਖ ਲਵੋ, ਆਪਣੇ ਮਨ ਦੀ ਮਰਜ਼ੀ ਵਿਚ ਤੁਰ ਕੇ ਕਿਸੇ ਨੇ ਭੀ ਹਰਿ-ਨਾਮ ਪ੍ਰਾਪਤ ਨਹੀਂ ਕੀਤਾ।
56264	1313	ਜਨੁ ਨਾਨਕੁ ਦਾਸਨ ਦਾਸੁ ਹੈ ਜੋ ਸਤਿਗੁਰ ਲਾਗੇ ਪਾਇ॥੨॥		Jan Naanak Dhaasan Dhaas Hai Jo Sathigur Laagae Paae ||2||	Servant Nanak is the slave of the slave of those who fall at the Feet of the True Guru. ||2||	ਜਿਹੜੇ ਮਨੁੱਖ ਗੁਰੂ ਦੀ ਚਰਨੀਂ ਪਏ ਰਹਿੰਦੇ ਹਨ, ਦਾਸ ਨਾਨਕ ਉਹਨਾਂ ਦੇ ਦਾਸਾਂ ਦਾ ਦਾਸ ਹੈ ॥੨॥
56265	1313	ਪਉੜੀ॥		Pourree ||	Pauree:	
56266	1314	ਤੂੰ ਥਾਨ ਥਨੰਤਰਿ ਭਰਪੂਰੁ ਹਹਿ ਕਰਤੇ ਸਭ ਤੇਰੀ ਬਣਤ ਬਣਾਵਣੀ॥	ਹ-ਹਿ	Thoon Thhaan Thhananthar Bharapoor Hehi Karathae Sabh Thaeree Banath Banaavanee ||	You are pervading and permeating all places and interspaces, O Creator. You made all that has been made.	ਹੇ ਕਰਤਾਰ! ਤੂੰ ਹਰੇਕ ਥਾਂ ਵਿਚ ਵਿਆਪਕ ਹੈਂ, ਸੰਸਾਰ ਦੀ ਸਾਰੀ ਬਣਤਰ ਤੇਰੀ ਹੀ ਬਣਾਈ ਹੋਈ ਹੈ।

56267	1314	ਰੰਗ ਪਰੰਗ ਸਿਸਟਿ ਸਭ ਸਾਜੀ ਬਹੁ ਬਹੁ ਬਿਧਿ ਭਾਂਤਿ ਉਪਾਵਣੀ॥		Rang Parang Sisatt Sabh Saajee Bahu Bahu Bidhh Bhaanth Oupaavanee ||	You created the entire universe, with all its colors and shades; in so many ways and means and forms You formed it.	ਸਾਰੀ ਸ੍ਰਿਸ਼ਟੀ ਤੂੰ ਕਈ ਰੰਗਾਂ ਦੀ ਬਣਾਈ ਹੈ, ਕਈ ਕਿਸਮਾਂ ਦੀ ਪੈਦਾ ਕੀਤੀ ਹੈ।
56268	1314	ਸਭ ਤੇਰੀ ਜੋਤਿ ਜੋਤੀ ਵਿਚਿ ਵਰਤਹਿ ਗੁਰਮਤੀ ਤੁਧੈ ਲਾਵਣੀ॥		Sabh Thaeree Joth Jothee Vich Varathehi Guramathee Thudhhai Laavanee ||	O Lord of Light, Your Light is infused within all; You link us to the Guru's Teachings.	ਹੇ ਕਰਤਾਰ! ਸਾਰੀ ਸ੍ਰਿਸ਼ਟੀ ਵਿਚ ਤੇਰਾ ਹੀ ਨੂਰ ਹੈ, ਤੇ ਨੂਰ ਵਿਚ ਤੂੰ ਆਪ ਹੀ ਮੌਜੂਦ ਹੈਂ। ਤੂੰ ਆਪ ਹੀ (ਜਗਤ ਦੇ ਜੀਵਾਂ ਨੂੰ) ਗੁਰੂ ਦੀ ਸਿੱਖਿਆ ਵਿਚ ਜੋੜਦਾ ਹੈਂ।
56269	1314	ਜਿਨ ਹੋਹਿ ਦਇਆਲੁ ਤਿਨ ਸਤਿਗੁਰੁ ਮੇਲਹਿ ਮੁਖਿ ਗੁਰਮੁਖਿ ਹਰਿ ਸਮਝਾਵਣੀ॥		Jin Hohi Dhaeiaal Thin Sathigur Maelehi Mukh Guramukh Har Samajhaavanee ||	They alone meet the True Guru, unto whom You are Merciful; O Lord, You instruct them in the Guru's Word.	ਜਿਨ੍ਹਾਂ ਉਤੇ ਤੂੰ ਦਇਆਵਾਨ ਹੁੰਦਾ ਹੈਂ, ਉਹਨਾਂ ਨੂੰ ਤੂੰ ਗੁਰੂ ਮਿਲਾਂਦਾ ਹੈਂ, ਤੇ, ਗੁਰੂ ਦੇ ਮੂੰਹੋਂ ਤੂੰ ਉਹਨਾਂ ਨੂੰ ਆਪਣਾ ਗਿਆਨ ਦੇਂਦਾ ਹੈ।
56270	1314	ਸਭਿ ਬੋਲਹੁ ਰਾਮ ਰਮੋ ਸ੍ਰੀ ਰਾਮ ਰਮੋ ਜਿਤੁ ਦਾਲਦੁ ਦੁਖ ਭੁਖ ਸਭ ਲਹਿ ਜਾਵਣੀ॥੩॥		Sabh Bolahu Raam Ramo Sree Raam Ramo Jith Dhaaladh Dhukh Bhukh Sabh Lehi Jaavanee ||3||	Let everyone chant the Name of the Lord, chant the Name of the Great Lord; all poverty, pain and hunger shall be taken away. ||3||	ਤੁਸੀਂ ਸਾਰੇ ਸੋਹਣੇ ਰਾਮ ਦਾ ਨਾਮ ਜਪੋ, ਸੋਹਣੇ ਰਾਮ ਦਾ ਨਾਮ ਜਪੋ, ਜਿਸ ਦੀ ਬਰਕਤਿ ਨਾਲ ਸਾਰੇ ਦੁੱਖ ਭੁੱਖ ਦਰਿੱਦ੍ਰ ਦੂਰ ਹੋ ਜਾਂਦੇ ਹਨ ॥੩॥

56271	1314	ਸਲੋਕ ਮਃ ੪॥		Salok Ma 4 ||	Shalok, Fourth Mehl:	
56272	1314	ਹਰਿ ਹਰਿ ਅੰਮ੍ਰਿਤੁ ਨਾਮ ਰਸੁ ਹਰਿ ਅੰਮ੍ਰਿਤੁ ਹਰਿ ਉਰ ਧਾਰਿ॥		Har Har Anmrith Naam Ras Har Anmrith Har Our Dhhaar ||	The Ambrosial Nectar of the Name of the Lord, Har, Har, is sweet; enshrine this Ambrosial Nectar of the Lord within your heart.	ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਜਲ ਹੈ; ਇਸ ਨਾਮ-ਜਲ ਨੂੰ ਇਸ ਦੇ ਸੁਆਦ ਨੂੰ ਆਪਣੇ ਹਿਰਦੇ ਵਿਚ ਸਾਂਭ ਰੱਖ।
56273	1314	ਵਿਚਿ ਸੰਗਤਿ ਹਰਿ ਪ੍ਰਭੁ ਵਰਤਦਾ ਬੁਝਹੁ ਸਬਦ ਵੀਚਾਰਿ॥	ਬੁੱਝਹੁ	Vich Sangath Har Prabh Varathadhaa Bujhahu Sabadh Veechaar ||	The Lord God prevails in the Sangat, the Holy Congregation; reflect upon the Shabad and understand.	(ਪਰ) ਗੁਰੂ ਦੇ ਸ਼ਬਦ ਦੀ ਵਿਚਾਰ ਦੀ ਰਾਹੀਂ (ਇਹ ਗੱਲ) ਸਮਝ ਲਵੋ (ਕਿ) ਪਰਮਾਤਮਾ ਸਾਧ ਸੰਗਤ ਵਿਚ ਵੱਸਦਾ ਹੈ।
56274	1314	ਮਨਿ ਹਰਿ ਹਰਿ ਨਾਮੁ ਧਿਆਇਆ ਬਿਖੁ ਹਉਮੈ ਕਢੀ ਮਾਰਿ॥		Man Har Har Naam Dhhiaaeiaa Bikh Houmai Kadtee Maar ||	Meditating on the Name of the Lord, Har, Har, within the mind, the poison of egotism is eradicated.	(ਜਿਸ ਮਨੁੱਖ ਨੇ ਆਪਣੇ) ਮਨ ਵਿਚ ਪਰਮਾਤਮਾ ਦਾ ਨਾਮ ਸਿਮਰਨਾ ਸ਼ੁਰੂ ਕਰ ਦਿੱਤਾ, (ਉਸ ਨੇ ਆਪਣੇ ਅੰਦਰੋਂ ਆਤਮਕ ਮੌਤ ਲਿਆਉਣ ਵਾਲੀ) ਹਉਮੈ-ਜ਼ਹਰ ਮਾਰ ਕੇ ਕੱਢ ਦਿੱਤੀ।
56275	1314	ਜਿਨ ਹਰਿ ਹਰਿ ਨਾਮੁ ਨ ਚੇਤਿਓ ਤਿਨ ਜੂਐ ਜਨਮੁ ਸਭੁ ਹਾਰਿ॥		Jin Har Har Naam N Chaethiou Thin Jooai Janam Sabh Haar ||	One who does not remember the Name of the Lord, Har, Har, shall totally lose this life in the gamble.	ਜਿਨ੍ਹਾਂ ਬੰਦਿਆਂ ਨੇ ਪਰਮਾਤਮਾ ਦਾ ਨਾਮ ਯਾਦ ਨਹੀਂ ਕੀਤਾ, ਉਹਨਾਂ (ਆਪਣਾ) ਸਾਰਾ (ਮਨੁੱਖਾ) ਜੀਵਨ (ਮਾਨੋ) ਜੂਏ (ਦੀ ਖੇਡ) ਵਿਚ ਹਾਰ ਦਿੱਤਾ।

56276	1314	ਗੁਰਿ ਤੁਠੈ ਹਰਿ ਚੇਤਾਇਆ ਹਰਿ ਨਾਮਾ ਹਰਿ ਉਰ ਧਾਰਿ॥		Gur Thuthai Har Chaethaaeiaa Har Naamaa Har Our Dhhaar ||	By Guru's Grace, one remembers the Lord, and enshrines the Lord's Name within the heart.	ਜਿਨ੍ਹਾਂ ਨੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਇਆ ਜਿਨ੍ਹਾਂ ਨੂੰ ਗੁਰੂ ਨੇ ਮਿਹਰ ਕਰ ਕੇ ਹਰਿ-ਨਾਮ ਦਾ ਸਿਮਰਨ ਸਿਖਾਇਆ,
56277	1314	ਜਨ ਨਾਨਕ ਤੇ ਮੁਖ ਉਜਲੇ ਤਿਤੁ ਸਚੈ ਦਰਬਾਰਿ॥੧॥	ਉੱਜਲੇ	Jan Naanak Thae Mukh Oujalae Thith Sachai Dharabaar ||1||	O servant Nanak, his face shall be radiant in the Court of the True Lord. ||1||	ਹੇ ਦਾਸ ਨਾਨਕ! ਉਸ ਸਦਾ ਕਾਇਮ ਰਹਿਣ ਵਾਲੇ ਦਰਬਾਰ ਵਿਚ ਉਹ ਮਨੁੱਖ ਸੁਰਖ਼ਰੂ ਹੁੰਦੇ ਹਨ ॥੧॥
56278	1314	ਮਃ ੪॥		Ma 4 ||	Fourth Mehl:	
56279	1314	ਹਰਿ ਕੀਰਤਿ ਉਤਮੁ ਨਾਮੁ ਹੈ ਵਿਚਿ ਕਲਿਜੁਗ ਕਰਣੀ ਸਾਰੁ॥		Har Keerath Outham Naam Hai Vich Kalijug Karanee Saar ||	To chant the Lord's Praise and His Name is sublime and exalted. This is the most excellent deed in this Dark Age of Kali Yuga.	ਇਸ ਵਿਕਾਰਾਂ-ਵੇੜ੍ਹੇ ਜਗਤ ਵਿਚ ਪਰਮਾਤਮਾ ਦਾ ਨਾਮ ਜਪਣਾ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਹੀ ਸਭ ਤੋਂ ਸ੍ਰੇਸ਼ਟ ਕਰਨ-ਜੋਗ ਕੰਮ ਹੈ।
56280	1314	ਮਤਿ ਗੁਰਮਤਿ ਕੀਰਤਿ ਪਾਈਐ ਹਰਿ ਨਾਮਾ ਹਰਿ ਉਰਿ ਹਾਰੁ॥		Math Guramath Keerath Paaeeai Har Naamaa Har Our Haar ||	His Praises come through the Guru's Teachings and Instructions; wear the Necklace of the Lord's Name.	ਪਰ ਗੁਰੂ ਦੀ ਮੱਤ ਉਤੇ ਤੁਰਿਆਂ ਹੀ ਇਹ ਸਿਫ਼ਤ-ਸਾਲਾਹ ਮਿਲਦੀ ਹੈ ਇਹ ਹਰਿ-ਨਾਮ ਹਿਰਦੇ ਵਿਚ (ਪ੍ਰੋ ਰੱਖਣ ਲਈ) ਹਾਰ ਮਿਲਦਾ ਹੈ।

56281	1314	ਵਡਭਾਗੀ ਜਿਨ ਹਰਿ ਧਿਆਇਆ ਤਿਨ ਸਉਪਿਆ ਹਰਿ ਭੰਡਾਰੁ॥		Vaddabhaagee Jin Har Dhhiaaeiaa Thin Soupiaa Har Bhanddaar ||	Those who meditate on the Lord are very fortunate. They are entrusted with the Treasure of the Lord.	ਵੱਡੇ ਭਾਗਾਂ ਵਾਲੇ ਹਨ ਉਹ ਮਨੁੱਖ, ਜਿਨ੍ਹਾਂ ਨੇ ਪਰਮਾਤਮਾ ਦਾ ਨਾਮ ਸਿਮਰਿਆ ਹੈ, (ਗੁਰੂ ਨੇ) ਉਹਨਾਂ ਨੂੰ ਹਰਿ-ਨਾਮ ਖ਼ਜਾਨਾ ਸੌਂਪ ਦਿੱਤਾ ਹੈ।
56282	1314	ਬਿਨੁ ਨਾਵੈ ਜਿ ਕਰਮ ਕਮਾਵਣੇ ਨਿਤ ਹਉਮੈ ਹੋਇ ਖੁਆਰੁ॥		Bin Naavai J Karam Kamaavanae Nith Houmai Hoe Khuaar ||	Without the Name, no matter what people may do, they continue to waste away in egotism.	ਪਰਮਾਤਮਾ ਦਾ ਨਾਮ ਛੱਡ ਕੇ ਜਿਹੜੇ ਹੋਰ ਹੋਰ (ਮਿਥੇ ਹੋਏ ਧਾਰਮਿਕ) ਕਰਮ ਕਰੀਦੇ ਹਨ (ਉਹਨਾਂ ਦੇ ਕਾਰਨ ਪੈਦਾ ਹੋਈ) ਹਉਮੈ ਵਿਚ (ਫਸ ਕੇ ਮਨੁੱਖ) ਸਦਾ ਖ਼ੁਆਰ ਹੁੰਦਾ ਹੈ।
56283	1314	ਜਲਿ ਹਸਤੀ ਮਲਿ ਨਾਵਾਲੀਐ ਸਿਰਿ ਭੀ ਫਿਰਿ ਪਾਵੈ ਛਾਰੁ॥	ਨ੍ਹਾਵਾਲੀਐ	Jal Hasathee Mal Naavaaleeai Sir Bhee Fir Paavai Shhaar ||	Elephants can be washed and bathed in water, but they only throw dust on their heads again.	(ਵੇਖੋ) ਹਾਥੀ ਨੂੰ ਪਾਣੀ ਵਿਚ ਮਲ ਮਲ ਕੇ ਨਵ੍ਹਾਈਦਾ ਹੈ, ਫਿਰ ਭੀ ਉਹ (ਆਪਣੇ) ਸਿਰ ਉਤੇ ਸੁਆਹ (ਹੀ) ਪਾ ਲੈਂਦਾ ਹੈ।
56284	1314	ਹਰਿ ਮੇਲਹੁ ਸਤਿਗੁਰੁ ਦਇਆ ਕਰਿ ਮਨਿ ਵਸੈ ਏਕੰਕਾਰੁ॥		Har Maelahu Sathigur Dhaeiaa Kar Man Vasai Eaekankaar ||	O Kind and Compassionate True Guru, please unite me with the Lord, that the One Creator of the Universe may abide within my mind.	ਹੇ ਪ੍ਰਭੂ! ਮਿਹਰ ਕਰ ਕੇ (ਜੀਵਾਂ ਨੂੰ) ਗੁਰੂ ਮਿਲਾ। (ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਉਸ ਦੇ) ਮਨ ਵਿਚ ਪਰਮਾਤਮਾ ਆ ਵੱਸਦਾ ਹੈ।

56285	1314	ਜਿਨ ਗੁਰਮੁਖਿ ਸੁਣਿ ਹਰਿ ਮੰਨਿਆ ਜਨ ਨਾਨਕ ਤਿਨ ਜੈਕਾਰੁ॥੨॥		Jin Guramukh Sun Har Manniaa Jan Naanak Thin Jaikaar ||2||	Those Gurmukhs who listen to the Lord and believe in Him - servant Nanak salutes them. ||2||	ਹੇ ਦਾਸ ਨਾਨਕ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਪ੍ਰਭੂ ਦਾ ਨਾਮ ਸੁਣ ਕੇ (ਉਸ ਨਾਲ) ਡੂੰਘੀ ਸਾਂਝ ਪਾਈ ਹੈ ਉਹਨਾਂ ਨੂੰ ਹਰ ਵੇਲੇ (ਲੋਕ ਪਰਲੋਕ ਵਿਚ) ਸੋਭਾ ਮਿਲਦੀ ਹੈ ॥੨॥
56286	1314	ਪਉੜੀ॥		Pourree ||	Pauree:	
56287	1314	ਰਾਮ ਨਾਮੁ ਵਖਰੁ ਹੈ ਊਤਮੁ ਹਰਿ ਨਾਇਕੁ ਪੁਰਖੁ ਹਮਾਰਾ॥	ਵੱਖਰੁ	Raam Naam Vakhar Hai Ootham Har Naaeik Purakh Hamaaraa ||	The Lord's Name is the most sublime and precious merchandise. The Primal Lord God is my Lord and Master.	(ਇਹ ਜਗਤ-ਖੇਲ ਵਿਚ) ਪਰਮਾਤਮਾ ਦਾ ਨਾਮ (ਖ਼ਰੀਦਣ ਲਈ ਸਭ ਤੋਂ) ਵਧੀਆ ਸੌਦਾ ਹੈ, ਪਰਮਾਤਮਾ ਆਪ ਅਸਾਂ (ਇਸ ਸੌਦੇ ਦਾ ਵਣਜ ਕਰਨ ਵਾਲੇ) ਵਣਜਾਰਿਆਂ ਦਾ ਸਰਦਾਰ ਹੈ।
56288	1314	ਹਰਿ ਖੇਲੁ ਕੀਆ ਹਰਿ ਆਪੇ ਵਰਤੈ ਸਭੁ ਜਗਤੁ ਕੀਆ ਵਣਜਾਰਾ॥	ਜੱਗਤੁ	Har Khael Keeaa Har Aapae Varathai Sabh Jagath Keeaa Vanajaaraa ||	The Lord has staged His Play, and He Himself permeates it. The whole world deals in this merchandise.	(ਜਗਤ ਦਾ ਇਹ) ਖੇਲ ਪਰਮਾਤਮਾ ਨੇ ਆਪ ਬਣਾਇਆ ਹੈ, (ਤੇ ਇਸ ਵਿਚ) ਪਰਮਾਤਮਾ ਆਪ ਹੀ (ਹਰ ਥਾਂ) ਮੌਜੂਦ ਹੈ। ਸਾਰਾ ਜਗਤ (ਹਰੇਕ ਜੀਵ ਇਸ ਸੌਦੇ ਦਾ) ਵਣਜ ਕਰਨ ਵਾਲਾ ਹੈ।
56289	1314	ਸਭ ਜੋਤਿ ਤੇਰੀ ਜੋਤੀ ਵਿਚਿ ਕਰਤੇ ਸਭੁ ਸਚੁ ਤੇਰਾ ਪਾਸਾਰਾ॥		Sabh Joth Thaeree Jothee Vich Karathae Sabh Sach Thaeraa Paasaaraa ||	Your Light is the light in all beings, O Creator. All Your Expanse is True.	ਹੇ ਕਰਤਾਰ! ਇਹ ਸਾਰਾ ਤੇਰਾ (ਬਣਾਇਆ ਹੋਇਆ ਜਗਤ-) ਖਿਲਾਰਾ ਸਚਮੁਚ ਹੋਂਦ ਵਾਲਾ ਹੈ, ਇਸ ਵਿਚ ਹਰ ਥਾਂ ਤੇਰਾ ਹੀ ਨੂਰ ਹੈ, ਤੇ ਉਸ ਨੂਰ ਵਿਚ ਤੂੰ ਆਪ ਹੀ ਹੈਂ।

56290	1314	ਸਭਿ ਧਿਆਵਹਿ ਤੁਧੁ ਸਫਲ ਸੇ ਗਾਵਹਿ ਗੁਰਮਤੀ ਹਰਿ ਨਿਰੰਕਾਰਾ॥		Sabh Dhhiaavehi Thudhh Safal Sae Gaavehi Guramathee Har Nirankaaraa ||	All those who meditate on You become prosperous; through the Guru's Teachings, they sing Your Praises, O Formless Lord.	ਹੇ ਨਿਰੰਕਾਰ! ਸਾਰੇ ਜੀਵ ਤੇਰਾ ਹੀ ਧਿਆਨ ਧਰਦੇ ਹਨ। ਜਿਹੜੇ ਗੁਰੂ ਦੀ ਸਿੱਖਿਆ ਉਤੇ ਤੁਰ ਕੇ (ਤੇਰੀ ਸਿਫ਼ਤ-ਸਾਲਾਹ ਦੇ ਗੀਤ) ਗਾਂਦੇ ਹਨ ਉਹ ਮਨੁੱਖਾ ਜੀਵਨ ਦਾ ਮਨੋਰਥ ਹਾਸਲ ਕਰ ਲੈਂਦੇ ਹਨ।
56291	1314	ਸਭਿ ਚਵਹੁ ਮੁਖਹੁ ਜਗੰਨਾਥੁ ਜਗੰਨਾਥੁ ਜਗਜੀਵਨੋ ਜਿਤੁ ਭਵਜਲ ਪਾਰਿ ਉਤਾਰਾ॥੪॥	(ਚਵਹੁ) ਉਚਾਰੋ। ਜੱਗਜੀਵਨੋ	Sabh Chavahu Mukhahu Jagannaathh Jagannaathh Jagajeevano Jith Bhavajal Paar Outhaaraa ||4||	Let everyone chant the Lord, the Lord of the World, the Lord of the Universe, and cross over the terrifying world-ocean. ||4||	ਉਹ ਪਰਮਾਤਮਾ ਹੀ ਜਗਤ ਦਾ ਖਸਮ ਹੈ ਜਗਤ ਦਾ ਨਾਥ ਹੈ ਜਗਤ ਦੀ ਜ਼ਿੰਦਗੀ (ਦਾ ਸਹਾਰਾ) ਹੈ ਸਾਰੇ (ਆਪਣੇ) ਮੂੰਹੋਂ (ਉਸ ਦਾ ਨਾਮ) ਬੋਲੋ। ਉਸ (ਦਾ ਨਾਮ ਉਚਾਰਨ) ਨਾਲ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ ॥੪॥
56292	1314	ਸਲੋਕ ਮਃ ੪॥		Salok Ma 4 ||	Shalok, Fourth Mehl:	
56293	1314	ਹਮਰੀ ਜਿਹਬਾ ਏਕ ਪ੍ਰਭ ਹਰਿ ਕੇ ਗੁਣ ਅਗਮ ਅਥਾਹ॥		Hamaree Jihabaa Eaek Prabh Har Kae Gun Agam Athhaah ||	I have only one tongue, and the Glorious Virtues of the Lord God are Unapproachable and Unfathomable.	ਹੇ ਪ੍ਰਭੂ! ਹੇ ਹਰੀ! ਅਸਾਂ ਜੀਵਾਂ ਦੀ (ਸਿਰਫ਼) ਇੱਕ ਜੀਭ ਹੈ, ਪਰ ਤੇਰੇ ਗੁਣ ਬੇਅੰਤ ਹਨ (ਇਕ ਐਸਾ ਸਮੁੰਦਰ ਹਨ) ਜਿਸ ਦੀ ਹਾਥ ਨਹੀਂ ਪੈ ਸਕਦੀ।

56294	1314	ਹਮ ਕਿਉ ਕਰਿ ਜਪਹ ਇਆਣਿਆ ਹਰਿ ਤੁਮ ਵਡ ਅਗਮ ਅਗਾਹ॥		Ham Kio Kar Japeh Eiaaniaa Har Thum Vadd Agam Agaah ||	I am ignorant - how can I meditate on You, Lord? You are Great, Unapproachable and Immeasurable.	ਹੇ ਪ੍ਰਭੂ! ਤੂੰ ਬਹੁਤ ਅਪਹੁੰਚ ਹੈਂ ਤੇ ਡੂੰਘਾ ਹੈਂ ਅਸੀਂ ਅੰਞਾਣ ਜੀਵ ਤੈਨੂੰ ਕਿਵੇਂ ਜਪ ਸਕਦੇ ਹਾਂ?
56295	1314	ਹਰਿ ਦੇਹੁ ਪ੍ਰਭੂ ਮਤਿ ਊਤਮਾ ਗੁਰ ਸਤਿਗੁਰ ਕੈ ਪਗਿ ਪਾਹ॥	ਪਗਿ: ਪੋਲਾ ਬੋਲੋ	Har Dhaehu Prabhoo Math Oothamaa Gur Sathigur Kai Pag Paah ||	O Lord God, please bless me with that sublime wisdom, that I may fall at the Feet of the Guru, the True Guru.	ਹੇ ਹਰੀ! ਸਾਨੂੰ ਕੋਈ ਸ੍ਰੇਸ਼ਟ ਅਕਲ ਬਖ਼ਸ਼ ਜਿਸ ਦਾ ਸਦਕਾ ਅਸੀਂ ਗੁਰੂ ਦੇ ਚਰਨਾਂ ਉਤੇ ਢਹਿ ਪਈਏ।
56296	1314	ਸਤਸੰਗਤਿ ਹਰਿ ਮੇਲਿ ਪ੍ਰਭ ਹਮ ਪਾਪੀ ਸੰਗਿ ਤਰਾਹ॥		Sathasangath Har Mael Prabh Ham Paapee Sang Tharaah ||	O Lord God, please lead me to the Sat Sangat, the True Congregation, where even a sinner like myself may be saved.	ਹੇ ਪ੍ਰਭੂ! ਹੇ ਹਰੀ! ਸਾਨੂੰ ਸਾਧ ਸੰਗਤ ਮਿਲਾ ਕਿ (ਸਤ ਸੰਗੀਆਂ ਦੀ) ਸੰਗਤ ਵਿਚ ਅਸੀਂ ਪਾਪੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਈਏ।
56297	1314	ਜਨ ਨਾਨਕ ਕਉ ਹਰਿ ਬਖਸਿ ਲੈਹੁ ਹਰਿ ਤੁਠੈ ਮੇਲਿ ਮਿਲਾਹ॥		Jan Naanak Ko Har Bakhas Laihu Har Thuthai Mael Milaah ||	O Lord, please bless and forgive servant Nanak; please unite him in Your Union.	ਹੇ ਹਰੀ! (ਆਪਣੇ) ਦਾਸ ਨਾਨਕ ਉਤੇ ਮਿਹਰ ਕਰ, ਜੇ ਤੂੰ ਮਿਹਰ ਕਰੇਂ ਤਾਂ ਹੀ ਅਸੀਂ ਤੇਰੇ ਚਰਨਾਂ ਵਿਚ ਮਿਲ ਸਕਦੇ ਹਾਂ।

56298	1314	ਹਰਿ ਕਿਰਪਾ ਕਰਿ ਸੁਣਿ ਬੇਨਤੀ ਹਮ ਪਾਪੀ ਕਿਰਮ ਤਰਾਹ॥੧॥		Har Kirapaa Kar Sun Baenathee Ham Paapee Kiram Tharaah ||1||	O Lord, please be merciful and hear my prayer; I am a sinner and a worm - please save me! ||1||	ਹੇ ਹਰੀ! ਕਿਰਪਾ ਕਰ, (ਅਸਾਡੀ) ਬੇਨਤੀ ਸੁਣ, ਅਸੀਂ ਪਾਪੀ ਅਸੀਂ ਕੀੜੇ (ਇਸ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕੀਏ ॥੧॥
56299	1314	ਮਃ ੪॥		Ma 4 ||	Fourth Mehl:	
56300	1314	ਹਰਿ ਕਰਹੁ ਕ੍ਰਿਪਾ ਜਗਜੀਵਨਾ ਗੁਰੁ ਸਤਿਗੁਰੁ ਮੇਲਿ ਦਇਆਲੁ॥	ਦਇਆਲੁ	Har Karahu Kirapaa Jagajeevanaa Gur Sathigur Mael Dhaeiaal ||	O Lord, Life of the World, please bless me with Your Grace, and lead me to meet the Guru, the Merciful True Guru.	ਹੇ ਜਗਤ ਦੇ ਜ਼ਿੰਦਗੀ ਦੇ ਆਸਰੇ ਹਰੀ! ਮਿਹਰ ਕਰ (ਸਾਨੂੰ) ਦਇਆ ਦਾ ਸੋਮਾ ਗੁਰੂ ਮਿਲਾ।
56301	1314	ਗੁਰ ਸੇਵਾ ਹਰਿ ਹਮ ਭਾਈਆ ਹਰਿ ਹੋਆ ਹਰਿ ਕਿਰਪਾਲੁ॥		Gur Saevaa Har Ham Bhaaeeaa Har Hoaa Har Kirapaal ||	I am happy to serve the Guru; the Lord has become merciful to me.	ਜਦੋਂ ਹਰੀ ਆਪ (ਸਾਡੇ ਉਤੇ) ਦਇਆਵਾਨ ਹੋਇਆ, ਤਦੋਂ ਗੁਰੂ ਦੀ (ਦੱਸੀ ਹੋਈ) ਸੇਵਾ ਸਾਨੂੰ ਚੰਗੀ ਲੱਗਣ ਲੱਗ ਪਈ।
56302	1315	ਸਭ ਆਸਾ ਮਨਸਾ ਵਿਸਰੀ ਮਨਿ ਚੂਕਾ ਆਲ ਜੰਜਾਲੁ॥		Sabh Aasaa Manasaa Visaree Man Chookaa Aal Janjaal ||	All my hopes and desires have been forgotten; my mind is rid of its worldly entanglements.	ਸਾਰੀ ਆਸਾ ਤੇ ਤ੍ਰਿਸ਼ਨਾ ਵਿੱਸਰ ਗਈ, ਮਨ ਵਿਚ (ਟਿਕਿਆ ਹੋਇਆ) ਘਰ ਦਾ ਮੋਹ (ਭੀ) ਮੁਕ ਗਿਆ।

56303	1315	ਗੁਰਿ ਤੁਠੈ ਨਾਮੁ ਦ੍ਰਿੜਾਇਆ ਹਮ ਕੀਏ ਸਬਦਿ ਨਿਹਾਲੁ॥		Gur Thuthai Naam Dhrirraaeiaa Ham Keeeae Sabadh Nihaal ||	The Guru, in His Mercy, implanted the Naam within me; I am enraptured with the Word of the Shabad.	ਪ੍ਰਸੰਨ ਹੋਏ ਗੁਰੂ ਨੇ ਪਰਮਾਤਮਾ ਦਾ ਨਾਮ (ਸਾਡੇ ਮਨ ਵਿਚ) ਪੱਕਾ ਕਰ ਦਿੱਤਾ, ਆਪਣੇ ਸ਼ਬਦ ਦੀ ਰਾਹੀਂ ਸਾਨੂੰ (ਉਸ ਨੇ) ਨਿਹਾਲ ਕਰ ਦਿੱਤਾ।
56304	1315	ਜਨ ਨਾਨਕਿ ਅਤੁਟੁ ਧਨੁ ਪਾਇਆ ਹਰਿ ਨਾਮਾ ਹਰਿ ਧਨੁ ਮਾਲੁ॥੨॥		Jan Naanak Athutt Dhhan Paaeiaa Har Naamaa Har Dhhan Maal ||2||	Servant Nanak has obtained the inexhaustible wealth; the Lord's Name is his wealth and property. ||2||	(ਗੁਰੂ ਦੀ ਕਿਰਪਾ ਨਾਲ) ਦਾਸ ਨਾਨਕ ਨੇ ਪਰਮਾਤਮਾ ਦਾ ਨਾਮ-ਧਨ ਹਾਸਲ ਕਰ ਲਿਆ ਹੈ ਜੋ ਕਦੇ ਮੁੱਕਣ ਵਾਲਾ ਨਹੀਂ ॥੨॥
56305	1315	ਪਉੜੀ॥		Pourree ||	Pauree:	
56306	1315	ਹਰਿ ਤੁਮ੍ਹ ਵਡ ਵਡੇ ਵਡੇ ਵਡ ਊਚੇ ਸਭ ਊਪਰਿ ਵਡੇ ਵਡੌਨਾ॥		Har Thumh Vadd Vaddae Vaddae Vadd Oochae Sabh Oopar Vaddae Vaddaanaa ||	O Lord, You are the Greatest of the Great, the Greatest of the Great, the Most Lofty and Exalted of all, the Greatest of the Great.	ਹੇ ਹਰੀ! ਤੂੰ ਵੱਡਿਆਂ ਤੋਂ ਵੱਡਾ ਹੈਂ ਬੜਾ ਉੱਚਾ ਹੈਂ ਸਭ ਤੋਂ ਉਪਰ ਵੱਡਾ ਹੈਂ।
56307	1315	ਜੋ ਧਿਆਵਹਿ ਹਰਿ ਅਪਰੰਪਰੁ ਹਰਿ ਹਰਿ ਹਰਿ ਧਿਆਇ ਹਰੇ ਤੇ ਹੋਨਾ॥	ਅਪ-ਰੰਪਰੁ	Jo Dhhiaavehi Har Aparanpar Har Har Har Dhhiaae Harae Thae Honaa ||	Those who meditate on the Infinite Lord, who meditate on the Lord, Har, Har, Har, are rejuvenated.	ਹਰੀ ਪਰਮਾਤਮਾ ਬੇਅੰਤ ਹੈ, ਜਿਹੜੇ ਮਨੁੱਖ ਉਸ ਦਾ ਧਿਆਨ ਧਰਦੇ ਹਨ, ਉਹ ਬੰਦੇ ਉਸ ਹਰੀ ਨੂੰ ਸਦਾ ਸਿਮਰ ਕੇ ਉਸ ਦਾ ਰੂਪ ਹੀ ਹੋ ਜਾਂਦੇ ਹਨ।

56308	1315	ਜੋ ਗਾਵਹਿ ਸੁਣਹਿ ਤੇਰਾ ਜਸੁ ਸੁਆਮੀ ਤਿਨ ਕਾਟੇ ਪਾਪ ਕਟੋਨਾ॥		Jo Gaavehi Sunehi Thaeraa Jas Suaamee Thin Kaattae Paap Kattonaa ||	Those who sing and listen to Your Praises, O my Lord and Master, have millions of sins destroyed.	ਹੇ ਸੁਆਮੀ! ਜਿਹੜੇ ਮਨੁੱਖ ਤੇਰੀ ਸਿਫ਼ਤ-ਸਾਲਾਹ ਦਾ ਗੀਤ ਗਾਂਦੇ ਹਨ ਸੁਣਦੇ ਹਨ, ਉਹ (ਆਪਣੇ) ਕ੍ਰੋੜਾਂ ਪਾਪ ਨਾਸ ਕਰ ਲੈਂਦੇ ਹਨ।
56309	1315	ਤੁਮ ਜੈਸੇ ਹਰਿ ਪੁਰਖ ਜਾਨੇ ਮਤਿ ਗੁਰਮਤਿ ਮੁਖਿ ਵਡ ਵਡਭਾਗ ਵਡੋਨਾ॥	(ਵਡੋਨਾ) ਵੱਡੇ ਤੋਂ ਵੱਡੇ	Thum Jaisae Har Purakh Jaanae Math Guramath Mukh Vadd Vadd Bhaag Vaddonaa ||	I know that those divine beings who follow the Guru's Teachings are just like You, Lord. They are the greatest of the great, so very fortunate.	ਹੇ ਸਰਬ-ਵਿਆਪਕ ਹਰੀ! ਉਹ ਮਨੁੱਖ ਵੱਡੇ ਭਾਗਾਂ ਵਾਲੇ ਗਿਣੇ ਜਾਂਦੇ ਹਨ (ਸਭ ਮਨੁੱਖਾਂ ਵਿਚ) ਮੁਖੀ ਮੰਨੇ ਜਾਂਦੇ ਹਨ, ਸਤਿਗੁਰੂ ਦੀ ਮੱਤ ਉਤੇ ਕੇ ਉਹ ਮਨੁੱਖ ਤੇਰੇ ਵਰਗੇ ਹੀ ਜਾਣੇ ਜਾਂਦੇ ਹਨ।
56310	1315	ਸਭਿ ਧਿਆਵਹੁ ਆਦਿ ਸਤੇ ਜੁਗਾਦਿ ਸਤੇ ਪਰਤਖਿ ਸਤੇ ਸਦਾ ਸਦਾ ਸਤੇ ਜਨੁ ਨਾਨਕੁ ਦਾਸੁ ਦਸੋਨਾ॥੫॥	ਦਸੋਨਾ:ਪੋਲਾ ਬੋਲੋ। (ਦਸੋਨਾ) ਸੇਵਕਾਂ ਦਾ ਸੇਵਕ ਹਾਂ। ਸੱਤੇ। ਜੁੱਗਾਦਿ	Sabh Dhhiaavahu Aadh Sathae Jugaadh Sathae Parathakh Sathae Sadhaa Sadhaa Sathae Jan Naanak Dhaas Dhasonaa ||5||	Let everyone meditate on the Lord, who was True in the primal beginning, and True throughout the ages; He is revealed as True here and now, and He shall be True forever and ever. Servant Nanak is the slave of His slaves. ||5||	ਜੋ ਪਰਮਾਤਮਾ ਆਦਿ ਤੋਂ ਜੁਗਾਂ ਦੇ ਆਦਿ ਤੋਂ ਹੋਂਦ ਵਾਲਾ ਹੈ; ਜੋ (ਹੁਣ ਭੀ) ਪਰਤੱਖ ਕਾਇਮ ਹੈ ਤੇ ਸਦਾ ਹੀ ਕਾਇਮ ਰਹਿਣ ਵਾਲਾ ਹੈ, ਤੁਸੀਂ ਸਾਰੇ ਉਸ ਦਾ ਸਿਮਰਨ ਕਰਦੇ ਰਹੋ। ਦਾਸ ਨਾਨਕ ਉਸ (ਹਰੀ ਦੇ) ਦਾਸਾਂ ਦਾ ਦਾਸ ਹੈ ॥੫॥

56311	1315	ਸਲੋਕ ਮਃ ੪॥		Salok Ma 4 ||	Shalok, Fourth Mehl:	
56312	1315	ਹਮਰੇ ਹਰਿ ਜਗਜੀਵਨਾ ਹਰਿ ਜਪਿਓ ਹਰਿ ਗੁਰ ਮੰਤ॥		Hamarae Har Jagajeevanaa Har Japiou Har Gur Manth ||	I meditate on my Lord, the Life of the World, the Lord, chanting the Guru's Mantra.	(ਜਿਹੜਾ) ਹਰੀ (ਸਾਰੇ) ਜਗਤ ਦੀ ਜ਼ਿੰਦਗੀ ਦਾ ਆਸਰਾ (ਹੈ ਉਹ) ਸਾਡੇ ਹਿਰਦੇ ਵਿਚ ਭੀ ਵੱਸਦਾ ਹੈ; ਅਸਾਂ ਗੁਰੂ ਦੇ ਉਪਦੇਸ਼ ਤੇ ਤੁਰ ਕੇ ਉਸ ਨੂੰ ਜਪਿਆ ਹੈ।
56313	1315	ਹਰਿ ਅਗਮੁ ਅਗੋਚਰੁ ਅਗਮੁ ਹਰਿ ਹਰਿ ਮਿਲਿਆ ਆਇ ਅਚਿੰਤ॥		Har Agam Agochar Agam Har Har Miliaa Aae Achinth ||	The Lord is Unapproachable, Inaccessible and Unfathomable; the Lord, Har, Har, has spontaneously come to meet me.	ਉਹ ਹੈ ਤਾਂ ਅਪਹੁੰਚ ਤੇ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ (ਪਰ ਗੁਰੂ ਦੀ ਸਿੱਖਿਆ ਅਨੁਸਾਰ ਸਿਮਰਨ ਦੀ ਬਰਕਤਿ ਨਾਲ) ਉਹ ਹਰੀ ਸਾਨੂੰ ਆਪਣੇ ਆਪ ਆ ਮਿਲਿਆ ਹੈ।
56314	1315	ਹਰਿ ਆਪੇ ਘਟਿ ਘਟਿ ਵਰਤਦਾ ਹਰਿ ਆਪੇ ਆਪਿ ਬਿਅੰਤ॥		Har Aapae Ghatt Ghatt Varathadhaa Har Aapae Aap Bianth ||	The Lord Himself is pervading each and every heart; the Lord Himself is Endless.	ਉਹ ਹਰੀ ਆਪ ਹੀ ਹਰੇਕ ਸਰੀਰ ਵਿਚ ਵੱਸਦਾ ਹੈ, (ਹਰ ਥਾਂ) ਉਹ ਆਪ ਹੀ ਆਪ ਹੈ ਤੇ ਉਸ ਦੀ ਹਸਤੀ ਦਾ ਅੰਤ ਨਹੀਂ ਪਾਇਆ ਜਾ ਸਕਦਾ।
56315	1315	ਹਰਿ ਆਪੇ ਸਭ ਰਸ ਭੋਗਦਾ ਹਰਿ ਆਪੇ ਕਵਲਾ ਕੰਤ॥		Har Aapae Sabh Ras Bhogadhaa Har Aapae Kavalaa Kanth ||	The Lord Himself enjoys all pleasures; the Lord Himself is the Husband of Maya.	ਉਹ ਹਰੀ ਆਪ ਹੀ (ਸਭ ਜੀਵਾਂ ਵਿਚ ਵਿਆਪਕ ਹੋ ਕੇ) ਸਾਰੇ ਰਸ ਭੋਗ ਰਿਹਾ ਹੈ, ਉਹ ਆਪ ਹੀ ਮਾਇਆ ਦਾ ਮਾਲਕ ਹੈ।

56316	1315	ਹਰਿ ਆਪੇ ਭਿਖਿਆ ਪਾਇਦਾ ਸਭ ਸਿਸਟਿ ਉਪਾਈ ਜੀਅ ਜੰਤ॥	ਭਿੱਖਿਆ	Har Aapae Bhikhiaa Paaeidhaa Sabh Sisatt Oupaaee Jeea Janth ||	The Lord Himself gives in charity to the whole world, and all the beings and creatures which He created.	ਇਹ ਸਾਰੀ ਦੁਨੀਆ ਉਸ ਨੇ ਆਪ ਹੀ ਪੈਦਾ ਕੀਤੀ ਹੈ, ਇਸ ਸਾਰੇ ਜੀਅ ਜੰਤ ਉਸ ਨੇ ਆਪ ਹੀ ਪੈਦਾ ਕੀਤੇ ਹਨ, ਤੇ, (ਸਭ ਜੀਵਾਂ ਨੂੰ ਰਿਜ਼ਕ ਦਾ) ਖੈਰ ਭੀ ਉਹ ਆਪ ਹੀ ਪਾਂਦਾ ਹੈ।
56317	1315	ਹਰਿ ਦੇਵਹੁ ਦਾਨੁ ਦਇਆਲ ਪ੍ਰਭ ਹਰਿ ਮਾਂਗਹਿ ਹਰਿ ਜਨ ਸੰਤ॥		Har Dhaevahu Dhaan Dhaeiaal Prabh Har Maangehi Har Jan Santh ||	O Merciful Lord God, please bless me with Your Bountiful Gifts; the humble Saints of the Lord beg for them.	ਹੇ ਦਇਆ ਦੇ ਸੋਮੇ ਹਰੀ ਪ੍ਰਭੂ! (ਸਾਨੂੰ ਭੀ ਉਹ ਨਾਮ-) ਦਾਨ ਦੇਹ ਜਿਹੜਾ (ਤੇਰੇ) ਸੰਤ ਜਨ (ਸਦਾ ਤੈਥੋਂ) ਮੰਗਦੇ (ਰਹਿੰਦੇ) ਹਨ।
56318	1315	ਜਨ ਨਾਨਕ ਕੇ ਪ੍ਰਭ ਆਇ ਮਿਲੁ ਹਮ ਗਾਵਹ ਹਰਿ ਗੁਣ ਛੰਤ॥੧॥		Jan Naanak Kae Prabh Aae Mil Ham Gaaveh Har Gun Shhanth ||1||	O God of servant Nanak, please come and meet me; I sing the Songs of the Glorious Praises of the Lord. ||1||	ਹੇ ਦਾਸ ਨਾਨਕ ਦੇ (ਮਾਲਕ) ਪ੍ਰਭੂ! (ਸਾਨੂੰ) ਆ ਮਿਲ, (ਮਿਹਰ ਕਰ) ਅਸੀਂ ਤੇਰੀ ਸਿਫ਼ਤ-ਸਾਲਾਹ ਦੇ ਗੀਤ ਗਾਂਦੇ ਰਹੀਏ ॥੧॥
56319	1315	ਮਃ ੪॥		Ma 4 ||	Fourth Mehl:	
56320	1315	ਹਰਿ ਪ੍ਰਭੁ ਸਜਣੁ ਨਾਮੁ ਹਰਿ ਮੈ ਮਨਿ ਤਨਿ ਨਾਮੁ ਸਰੀਰਿ॥		Har Prabh Sajan Naam Har Mai Man Than Naam Sareer ||	The Name of the Lord God is my Best Friend. My mind and body are drenched with the Naam.	ਹਰੀ ਪ੍ਰਭੂ (ਹੀ ਅਸਲ) ਮਿੱਤਰ ਹੈ, ਹਰੀ ਦਾ ਨਾਮ ਹੀ (ਨਾਲ ਨਿਭਣ ਵਾਲਾ) ਮਿੱਤਰ ਹੈ; ਮੇਰੇ ਮਨ ਵਿਚ ਮੇਰੇ ਤਨ ਵਿਚ ਮੇਰੇ ਹਿਰਦੇ ਵਿਚ (ਹਰੀ ਦਾ) ਨਾਮ ਵੱਸ ਰਿਹਾ ਹੈ।

56321	1315	ਸਭਿ ਆਸਾ ਗੁਰਮੁਖਿ ਪੂਰੀਆ ਜਨ ਨਾਨਕ ਸੁਣਿ ਹਰਿ ਧੀਰ॥੨॥		Sabh Aasaa Guramukh Pooreeaa Jan Naanak Sun Har Dhheer ||2||	All the hopes of the Gurmukh are fulfilled; servant Nanak is comforted, hearing the Naam, the Name of the Lord. ||2||	ਹੇ ਦਾਸ ਨਾਨਕ! ਗੁਰੂ ਦੀ ਸਰਨ ਪੈ ਕੇ (ਹਰਿ-ਨਾਮ ਸਿਮਰਿਆਂ) ਸਾਰੀਆਂ ਆਸਾਂ ਪੂਰੀਆਂ ਹੋ ਜਾਂਦੀਆਂ ਹਨ, ਹਰੀ ਦਾ ਨਾਮ ਸੁਣ ਕੇ (ਮਨ ਵਿਚ) ਸ਼ਾਂਤੀ ਪੈਦਾ ਹੁੰਦੀ ਹੈ ॥੨॥
56322	1315	ਪਉੜੀ॥		Pourree ||	Pauree:	
56323	1315	ਹਰਿ ਊਤਮੁ ਹਰਿਆ ਨਾਮੁ ਹੈ ਹਰਿ ਪੁਰਖੁ ਨਿਰੰਜਨੁ ਮਉਲਾ॥	ਮਉਲਾ:ਪੋਲਾ ਬੋਲੋ। ਮਉਲਾ ਰਾਮ	Har Ootham Hariaa Naam Hai Har Purakh Niranjan Moulaa ||	The Lord's Sublime Name is energizing and rejuvenating. The Immaculate Lord, the Primal Being, blossoms forth.	ਪਰਮਾਤਮਾ ਸਭ ਵਿਚ ਵਿਆਪਕ ਹੈ ਸਭ ਵਿਚ ਮਿਲਿਆ ਹੋਇਆ ਹੈ ਤੇ ਨਿਰਲੇਪ (ਭੀ) ਹੈ, ਉਸ ਦਾ ਨਾਮ ਸ੍ਰੇਸ਼ਟ ਹੈ (ਉੱਚਾ ਜੀਵਨ ਬਣਾਣ ਵਾਲਾ ਹੈ) ਤੇ ਆਤਮਕ ਜੀਵਨ ਦੇਣ ਵਾਲਾ ਹੈ।
56324	1315	ਜੋ ਜਪਦੇ ਹਰਿ ਹਰਿ ਦਿਨਸੁ ਰਾਤਿ ਤਿਨ ਸੇਵੇ ਚਰਨ ਨਿਤ ਕਉਲਾ॥	ਕਉਲਾ: ਪੋਲਾ ਬੋਲੋ	Jo Japadhae Har Har Dhinas Raath Thin Saevae Charan Nith Koulaa ||	Maya serves at the feet of those who chant and meditate on the Lord, Har, Har, day and night.	ਜਿਹੜੇ ਮਨੁੱਖ ਦਿਨ ਰਾਤ ਹਰ ਵੇਲੇ ਪਰਮਾਤਮਾ (ਦਾ ਨਾਮ) ਜਪਦੇ ਹਨ, ਲੱਛਮੀ (ਭੀ) ਹਰ ਵੇਲੇ ਉਹਨਾਂ ਦੇ ਚਰਨਾਂ ਦੀ ਸੇਵਾ ਕਰਦੀ ਹੈ (ਉਹਨਾਂ ਉਤੇ ਆਪਣਾ ਪ੍ਰਭਾਵ ਨਹੀਂ ਪਾ ਸਕਦੀ)।

56325	1315	ਨਿਤ ਸਾਰਿ ਸਮ੍ਹਾਲੇ ਸਭ ਜੀਅ ਜੰਤ ਹਰਿ ਵਸੈ ਨਿਕਟਿ ਸਭ ਜਉਲਾ॥	ਜਉੱਲਾ	Nith Saar Samaalhae Sabh Jeea Janth Har Vasai Nikatt Sabh Joulaa ||	The Lord always looks after and cares for all His beings and creatures; He is with all, near and far.	ਪਰਮਾਤਮਾ ਸਭ ਜੀਵਾਂ ਦੀ ਚੰਗੀ ਤਰ੍ਹਾਂ ਸੰਭਾਲ ਕਰਦਾ ਹੈ, ਉਹ (ਸਭ ਜੀਵਾਂ ਦੇ) ਨੇੜੇ ਵੱਸਦਾ ਹੈ, (ਫਿਰ ਸਭ ਤੋਂ) ਵੱਖਰਾ (ਭੀ) ਹੈ।
56326	1315	ਸੋ ਬੂਝੈ ਜਿਸੁ ਆਪਿ ਬੁਝਾਇਸੀ ਜਿਸੁ ਸਤਿਗੁਰੁ ਪੁਰਖੁ ਪ੍ਰਭੁ ਸਉਲਾ॥	ਸਉੱਲਾ	So Boojhai Jis Aap Bujhaaeisee Jis Sathigur Purakh Prabh Soulaa ||	Those whom the Lord inspires to understand, understand; the True Guru, God, the Primal Being, is pleased with them.	ਪਰ ਇਹ ਗੱਲ ਉਹ ਮਨੁੱਖ ਸਮਝਦਾ ਹੈ ਜਿਸ ਨੂੰ ਪਰਮਾਤਮਾ ਆਪ ਸਮਝ ਦੇਂਦਾ ਹੈ ਜਿਸ ਉਤੇ ਗੁਰੂ ਮਿਹਰ ਕਰਦਾ ਹੈ ਜਿਸ ਉਤੇ ਸਰਬ-ਵਿਆਪਕ ਪ੍ਰਭੂ ਕਿਰਪਾ ਕਰਦਾ ਹੈ।
56327	1315	ਸਭਿ ਗਾਵਹੁ ਗੁਣ ਗੋਵਿੰਦ ਹਰੇ ਗੋਵਿੰਦ ਹਰੇ ਗੋਵਿੰਦ ਹਰੇ ਗੁਣ ਗਾਵਤ ਗੁਣੀ ਸਮਉਲਾ॥੬॥	(ਸ-ਮਉਲਾ) ਸਮਾਉਣਾ	Sabh Gaavahu Gun Govindh Harae Govindh Harae Govindh Harae Gun Gaavath Gunee Samoulaa ||6||	Let everyone sing the Praise of the Lord of the Universe, the Lord, the Lord of the Universe, the Lord, the Lord of the Universe; singing the Praise of the Lord, one is absorbed in His Glorious Virtues. ||6||	ਤੁਸੀਂ ਸਾਰੇ, ਧਰਤੀ ਦੀ ਸਾਰ ਲੈਣ ਵਾਲੇ ਉਸ ਹਰੀ ਦੇ ਗੁਣ ਸਦਾ ਗਾਂਦੇ ਰਹੋ, ਗੁਣ ਗਾਂਦਿਆਂ ਗਾਂਦਿਆਂ ਉਸ ਗੁਣਾਂ ਦੇ ਮਾਲਕ ਪ੍ਰਭੂ ਵਿਚ ਲੀਨ ਹੋ ਜਾਈਦਾ ਹੈ ॥੬॥
56328	1315	ਸਲੋਕ ਮਃ ੪॥		Salok Ma 4 ||	Shalok, Fourth Mehl:	

56329	1315	ਸੁਤਿਆ ਹਰਿ ਪ੍ਰਭੁ ਚੇਤਿ ਮਨਿ ਹਰਿ ਸਹਜਿ ਸਮਾਧਿ ਸਮਾਇ॥	ਸੁੱਤਿਆ	Suthiaa Har Prabh Chaeth Man Har Sehaj Samaadhh Samaae ||	O mind, even in sleep, remember the Lord God; let yourself be intuitively absorbed into the Celestial State of Samaadhi.	(ਜਾਗਦਿਆਂ ਕਿਰਤ-ਕਾਰ ਕਰਦਿਆਂ ਸਿਮਰਨ ਦੀ ਇਹੋ ਜਿਹੀ ਆਦਤ ਬਣਾ ਕਿ) ਸੁੱਤੇ ਪਿਆਂ ਭੀ (ਆਪਣੇ) ਮਨ ਵਿਚ ਪਰਮਾਤਮਾ ਨੂੰ ਯਾਦ ਕਰ (ਯਾਦ ਕਰਦਾ ਰਹੇਂ), (ਇਸ ਤਰ੍ਹਾਂ) ਸਦਾ ਆਤਮਕ ਅਡੋਲਤਾ ਵਿਚ (ਆਤਮਕ ਅਡੋਲਤਾ ਦੀ) ਸਮਾਧੀ ਵਿਚ ਟਿਕਿਆ ਰਹੁ।
56330	1315	ਜਨ ਨਾਨਕ ਹਰਿ ਹਰਿ ਚਾਉ ਮਨਿ ਗੁਰੁ ਤੁਠਾ ਮੇਲੇ ਮਾਇ॥੧॥		Jan Naanak Har Har Chaao Man Gur Thuthaa Maelae Maae ||1||	Servant Nanak's mind longs for the Lord, Har, Har. As the Guru pleases, he is absorbed into the Lord, O mother. ||1||	ਹੇ ਮਾਂ! ਦਾਸ ਨਾਨਕ ਦੇ ਮਨ ਵਿਚ ਭੀ ਪਰਮਾਤਮਾ ਨੂੰ ਮਿਲਣ ਦੀ ਤਾਂਘ ਹੈ, ਗੁਰੂ (ਹੀ) ਪ੍ਰਸੰਨ ਹੋ ਕੇ ਮੇਲ ਕਰਾਂਦਾ ਹੈ ॥੧॥
56331	1315	ਮਃ ੪॥		Ma 4 ||	Fourth Mehl:	
56332	1315	ਹਰਿ ਇਕਸੁ ਸੇਤੀ ਪਿਰਹੜੀ ਹਰਿ ਇਕੋ ਮੇਰੈ ਚਿਤਿ॥		Har Eikas Saethee Pireharree Har Eiko Maerai Chith ||	I am in love with the One and Only Lord; the One Lord fills my consciousness.	ਸਿਰਫ਼ ਇਕ ਪਰਮਾਤਮਾ ਨਾਲ ਹੀ ਮੇਰਾ ਸੋਹਣਾ ਪਿਆਰ ਹੈ, ਇਕ ਪਰਮਾਤਮਾ ਹੀ (ਸਦਾ) ਮੇਰੇ ਚਿੱਤ ਵਿਚ ਵੱਸਦਾ ਹੈ।
56333	1315	ਜਨ ਨਾਨਕ ਇਕੁ ਅਧਾਰੁ ਹਰਿ ਪ੍ਰਭ ਇਕਸ ਤੇ ਗਤਿ ਪਤਿ॥੨॥		Jan Naanak Eik Adhhaar Har Prabh Eikas Thae Gath Path ||2||	Servant Nanak takes the Support of the One Lord God; through the One, he obtains honor and salvation. ||2||	ਇਕ ਪ੍ਰਭੂ ਹੀ ਦਾਸ ਨਾਨਕ (ਦੀ ਜ਼ਿੰਦਗੀ ਦਾ) ਆਸਰਾ ਹੈ, ਇਕ ਪ੍ਰਭੂ ਤੋਂ ਹੀ ਉੱਚੀ ਆਤਮਕ ਅਵਸਥਾ ਮਿਲਦੀ ਹੈ (ਤੇ ਲੋਕ ਪਰਲੋਕ ਦੀ) ਇੱਜ਼ਤ ਹਾਸਲ ਹੁੰਦੀ ਹੈ ॥੨॥

56334	1315	ਪਉੜੀ॥		Pourree ||	Pauree:	
56335	1315	ਪੰਚੇ ਸਬਦ ਵਜੇ ਮਤਿ ਗੁਰਮਤਿ ਵਡਭਾਗੀ ਅਨਹਦੁ ਵਜਿਆ॥	(ਵੱਜੇ) ਵੱਜਿਆ	Panchae Sabadh Vajae Math Guramath Vaddabhaagee Anehadh Vajiaa ||	The Panch Shabad the Five Primal Sounds vibrate with the Wisdom of the Guru's Teachings; by great good fortune, the Unstruck Melody resonates and resounds.	ਜਿਸ ਵੱਡੇ ਭਾਗਾਂ ਵਾਲੇ ਮਨੁੱਖ ਦੀ ਮੱਤ ਵਿਚ ਗੁਰੂ ਦਾ ਉਪਦੇਸ਼ ਵੱਸ ਪੈਂਦਾ ਹੈ ਉਸ ਦੇ ਅੰਦਰ (ਆਤਮਕ ਆਨੰਦ ਦਾ) ਇਕ-ਰਸ ਵਾਜਾ ਵੱਜ ਪੈਂਦਾ ਹੈ (ਉਸ ਦੇ ਅੰਦਰ, ਮਾਨੋ) ਪੰਜਾਂ ਹੀ ਕਿਸਮਾਂ ਦੇ ਸਾਜ਼ ਵੱਜ ਪੈਂਦੇ ਹਨ।
56336	1315	ਆਨਦ ਮੂਲੁ ਰਾਮੁ ਸਭੁ ਦੇਖਿਆ ਗੁਰ ਸਬਦੀ ਗੋਵਿਦੁ ਗਜਿਆ॥	ਗੱਜਿਆ	Aanadh Mool Raam Sabh Dhaekhiaa Gur Sabadhee Govidh Gajiaa ||	I see the Lord, the Source of Bliss, everywhere; through the Word of the Guru's Shabad, the Lord of the Universe is revealed.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਉਸ ਦੇ ਅੰਦਰ) ਪਰਮਾਤਮਾ ਗੱਜ ਪੈਂਦਾ ਹੈ ਅਤੇ ਉਹ ਹਰ ਥਾਂ ਆਨੰਦ ਦੇ ਸੋਮੇ ਪਰਮਾਤਮਾ ਨੂੰ (ਵੱਸਦਾ) ਵੇਖਦਾ ਹੈ।
56337	1315	ਆਦਿ ਜੁਗਾਦਿ ਵੇਸੁ ਹਰਿ ਏਕੋ ਮਤਿ ਗੁਰਮਤਿ ਹਰਿ ਪ੍ਰਭੁ ਭਜਿਆ॥	ਜੁੱਗਾਦਿ। ਭਜਿਆ: ਪੋਲਾ ਬੋਲੋ	Aadh Jugaadh Vaes Har Eaeko Math Guramath Har Prabh Bhajiaa ||	From the primal beginning, and throughout the ages, the Lord has One Form. Through the Wisdom of the Guru's Teachings, I vibrate and meditate on the Lord God.	(ਜਿਹੜਾ ਮਨੁੱਖ) ਗੁਰੂ ਦੀ ਮੱਤ ਲੈ ਕੇ ਪਰਮਾਤਮਾ ਦਾ ਭਜਨ ਕਰਦਾ ਹੈ (ਉਸ ਨੂੰ ਇਹ ਨਿਸਚਾ ਆ ਜਾਂਦਾ ਹੈ ਕਿ ਸ੍ਰਿਸ਼ਟੀ ਦੇ) ਆਦਿ ਤੋਂ ਜੁਗਾਂ ਦੇ ਆਦਿ ਤੋਂ ਪਰਮਾਤਮਾ ਦੀ ਇਕੋ ਹੀ ਅਟੱਲ ਹਸਤੀ ਹੈ।

56338	1315	ਹਰਿ ਦੇਵਹੁ ਦਾਨੁ ਦਇਆਲ ਪ੍ਰਭ ਜਨ ਰਾਖਹੁ ਹਰਿ ਪ੍ਰਭ ਲਜਿਆ॥	ਲੱਜਿਆ	Har Dhaevahu Dhaan Dhaeiaal Prabh Jan Raakhahu Har Prabh Lajiaa ||	O Merciful Lord God, please bless me with Your Bounty; O Lord God, please preserve and protect the honor of Your humble servant.	ਹੇ ਹਰੀ! ਹੇ ਦਇਆ ਦੇ ਸੋਮੇ ਪ੍ਰਭੂ! ਤੂੰ ਆਪਣੇ ਦਾਸਾਂ ਨੂੰ (ਆਪਣੇ ਨਾਮ ਦਾ) ਦਾਨ ਦੇਂਦਾ ਹੈਂ, (ਤੇ, ਇਸ ਤਰ੍ਹਾਂ ਵਿਕਾਰਾਂ ਦੇ ਟਾਕਰੇ ਤੇ ਉਹਨਾਂ ਦੀ) ਲਾਜ ਰੱਖਦਾ ਹੈਂ।
56339	1316	ਸਭਿ ਧੰਨੁ ਕਹਹੁ ਗੁਰੁ ਸਤਿਗੁਰੂ ਗੁਰੁ ਸਤਿਗੁਰੂ ਜਿਤੁ ਮਿਲਿ ਹਰਿ ਪੜਦਾ ਕਜਿਆ॥੭॥	ਕਜਿਆ: ਪੋਲਾ ਬੋਲੋ	Sabh Dhann Kehahu Gur Sathiguroo Gur Sathiguroo Jith Mil Har Parradhaa Kajiaa ||7||	Let everyone proclaim: Blessed is the Guru, the True Guru, the Guru, the True Guru; meeting Him, the Lord covers their faults and deficiencies. ||7||	ਤੁਸੀਂ ਸਾਰੇ ਗੁਰੂ ਨੂੰ ਧੰਨ-ਧੰਨ ਆਖੋ, ਗੁਰੂ ਨੂੰ ਧੰਨ-ਧੰਨ ਆਖੋ ਜਿਸ ਦੀ ਰਾਹੀਂ ਪਰਮਾਤਮਾ ਨੂੰ ਮਿਲ ਕੇ (ਵਿਕਾਰਾਂ ਦੇ ਟਾਕਰੇ ਤੇ) ਇੱਜ਼ਤ ਬਚ ਜਾਂਦੀ ਹੈ ॥੭॥
56340	1316	ਸਲੋਕੁ ਮਃ ੪॥		Salok Ma 4 ||	Shalok, Fourth Mehl:	
56341	1316	ਭਗਤਿ ਸਰੋਵਰੁ ਉਛਲੈ ਸੁਭਰ ਭਰੇ ਵਹੰਨਿ॥	ਉੱਛਲੈ। ਸੁੱਭਰ	Bhagath Sarovar Oushhalai Subhar Bharae Vehann ||	The sacred pool of devotional worship is filled to the brim and overflowing in torrents.	ਗੁਰੂ (ਇਕ ਐਸਾ) ਸਰੋਵਰ ਹੈ ਜਿਸ ਵਿਚ ਭਗਤੀ ਉਛਾਲੇ ਮਾਰ ਰਹੀ ਹੈ, (ਗੁਰੂ ਇਕ ਐਸਾ ਦਰੀਆ ਹੈ ਜਿਸ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ) ਨਾਲ ਨਕਾ-ਨਕ ਭਰੇ ਹੋਏ ਵਹਿਣ ਚੱਲ ਰਹੇ ਹਨ।

56342	1316	ਜਿਨਾ ਸਤਿਗੁਰੁ ਮੰਨਿਆ ਜਨ ਨਾਨਕ ਵਡਭਾਗ ਲਹੰਨਿ॥੧॥		Jinaa Sathigur Manniaa Jan Naanak Vadd Bhaag Lehann ||1||	Those who obey the True Guru, O servant Nanak, are very fortunate - they find it. ||1||	ਹੇ ਦਾਸ ਨਾਨਕ! ਜਿਹੜੇ ਮਨੁੱਖ ਗੁਰੂ ਵਿਚ ਸਰਧਾ ਬਣਾਂਦੇ ਹਨ ਉਹ ਵੱਡੇ ਭਾਗਾਂ ਨਾਲ (ਪਰਮਾਤਮਾ ਦੇ ਗੁਣਾਂ ਦੇ ਮੋਤੀ) ਲੱਭ ਲੈਂਦੇ ਹਨ ॥੧॥
56343	1316	ਮਃ ੪॥		Ma 4 ||	Fourth Mehl:	
56344	1316	ਹਰਿ ਹਰਿ ਨਾਮ ਅਸੰਖ ਹਰਿ ਹਰਿ ਕੇ ਗੁਨ ਕਥਨੁ ਨ ਜਾਹਿ॥		Har Har Naam Asankh Har Har Kae Gun Kathhan N Jaahi ||	The Names of the Lord, Har, Har, are countless. The Glorious Virtues of the Lord, Har, Har, cannot be described.	ਪਰਮਾਤਮਾ ਦੇ ਨਾਮ ਅਣਗਿਣਤ ਹਨ, ਪਰਮਾਤਮਾ ਦੇ ਗੁਣ (ਭੀ ਬੇਅੰਤ ਹਨ) ਬਿਆਨ ਨਹੀਂ ਕੀਤੇ ਜਾ ਸਕਦੇ, ਪਰਮਾਤਮਾ ਅਪਹੁੰਚ ਹੈ, (ਮਾਨੋ) ਅਥਾਹ (ਸਮੁੰਦਰ) ਹੈ।
56345	1316	ਹਰਿ ਹਰਿ ਅਗਮੁ ਅਗਾਧਿ ਹਰਿ ਜਨ ਕਿਤੁ ਬਿਧਿ ਮਿਲਹਿ ਮਿਲਾਹਿ॥	ਬਿਧਿ : ਪੋਲਾ ਬੋਲੋ	Har Har Agam Agaadhh Har Jan Kith Bidhh Milehi Milaahi ||	The Lord, Har, Har, is Inaccessible and Unfathomable; how can the humble servants of the Lord be united in His Union?	ਉਸ ਦੇ ਸੇਵਕ ਭਗਤ ਉਸ ਨੂੰ ਕਿਵੇਂ ਮਿਲਦੇ ਹਨ? (ਹੋਰਨਾਂ ਨੂੰ) ਕਿਵੇਂ ਮਿਲਾਂਦੇ ਹਨ?

56346	1316	ਹਰਿ ਹਰਿ ਜਸੁ ਜਪਤ ਜਪੰਤ ਜਨ ਇਕੁ ਤਿਲੁ ਨਹੀ ਕੀਮਤਿ ਪਾਇ॥		Har Har Jas Japath Japanth Jan Eik Thil Nehee Keemath Paae ||	Those humble beings meditate and chant the Praises of the Lord, Har, Har, but they do not attain even a tiny bit of His Worth.	(ਪਰਮਾਤਮਾ ਦੇ ਸੇਵਕ) ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਗੀਤ ਗਾਂਦਿਆਂ (ਆਪ ਉਸ ਨੂੰ ਮਿਲਦੇ ਹਨ, ਤੇ ਹੋਰਨਾਂ ਤੋਂ) ਜਪਾਂਦਿਆਂ (ਉਹਨਾਂ ਨੂੰ ਭੀ ਉਸ ਨਾਲ ਮਿਲਾਂਦੇ ਹਨ)। (ਪਰ ਪਰਮਾਤਮਾ ਦੇ ਗੁਣਾਂ ਦੀ) ਕੀਮਤ ਰਤਾ ਭਰ ਭੀ ਨਹੀਂ ਪੈ ਸਕਦੀ।
56347	1316	ਜਨ ਨਾਨਕ ਹਰਿ ਅਗਮ ਪ੍ਰਭ ਹਰਿ ਮੇਲਿ ਲੈਹੁ ਲੜਿ ਲਾਇ॥੨॥		Jan Naanak Har Agam Prabh Har Mael Laihu Larr Laae ||2||	O servant Nanak, the Lord God is Inaccessible; the Lord has attached me to His Robe, and united me in His Union. ||2||	(ਉਸ ਦੇ ਦਰ ਤੇ ਅਰਦਾਸ ਹੀ ਕਰਨੀ ਚਾਹੀਦੀ ਹੈ ਕਿ) ਹੇ ਅਪਹੁੰਚ ਹਰੀ ਪ੍ਰਭੂ! ਆਪਣੇ ਦਾਸ ਨਾਨਕ ਨੂੰ ਆਪਣੇ ਲੜ ਲਾ ਕੇ (ਆਪਣੇ ਚਰਨਾਂ ਵਿਚ) ਮਿਲਾ ਲੈ ॥੨॥
56348	1316	ਪਉੜੀ॥		Pourree ||	Pauree:	
56349	1316	ਹਰਿ ਅਗਮੁ ਅਗੋਚਰੁ ਅਗਮੁ ਹਰਿ ਕਿਉ ਕਰਿ ਹਰਿ ਦਰਸਨੁ ਪਿਖਾ॥	ਪਿਖਾਂ: ਪੋਲਾ ਬੋਲੋ	Har Agam Agochar Agam Har Kio Kar Har Dharasan Pikhaa ||	The Lord is Inaccessible and Unfathomable. How will I see the Blessed Vision of the Lord's Darshan?	ਮੈਂ ਪਰਮਾਤਮਾ ਦਾ ਦਰਸਨ ਕਿਵੇਂ ਕਰ ਸਕਦਾ ਹਾਂ? ਉਹ ਤਾਂ ਅਪਹੁੰਚ ਹੈ, ਉਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ।

56350	1316	ਕਿਛੁ ਵਖਰੁ ਹੋਇ ਸੁ ਵਰਨੀਐ ਤਿਸੁ ਰੂਪੁ ਨ ਰਿਖਾ॥	ਰਿਖਾ: ਪੋਲਾ ਬੋਲੋ	Kishh Vakhar Hoe S Varaneeai This Roop N Rikhaa ||	If He were a material object, then I could describe Him, but He has no form or feature.	ਜੇ ਕੋਈ ਖ਼ਰੀਦਿਆ ਜਾ ਸਕਣ ਵਾਲਾ ਪਦਾਰਥ ਹੋਵੇ ਤਾਂ (ਉਸ ਦਾ ਰੂਪ ਰੇਖ) ਬਿਆਨ ਕੀਤਾ ਜਾ ਸਕਦਾ ਹੈ, ਪਰ ਉਸ ਪਰਮਾਤਮਾ ਦਾ ਨਾਹ ਕੋਈ ਰੂਪ ਹੈ ਨਾਹ ਰੇਖਾ ਹੈ।
56351	1316	ਜਿਸੁ ਬੁਝਾਏ ਆਪਿ ਬੁਝਾਇ ਦੇਇ ਸੋਈ ਜਨੁ ਦਿਖਾ॥	ਦਿਖਾ:ਪੋਲਾ ਬੋਲੋ। (ਦਿਖਾ) ਦੇਖ ਲੈਂਦਾ ਹੈ	Jis Bujhaaeae Aap Bujhaae Dhaee Soee Jan Dhikhaa ||	Understanding comes only when the Lord Himself gives understanding; only such a humble being sees it.	ਉਹੀ ਮਨੁੱਖ ਉਸ ਦਾ ਦਰਸਨ ਕਰ ਸਕਦਾ ਹੈ ਜਿਸ ਨੂੰ ਪ੍ਰਭੂ ਆਪ ਮੱਤ ਦੇ ਕੇ ਸਮਝਾਂਦਾ ਹੈ।
56352	1316	ਸਤਸੰਗਤਿ ਸਤਿਗੁਰ ਚਟਸਾਲ ਹੈ ਜਿਤੁ ਹਰਿ ਗੁਣ ਸਿਖਾ॥	(ਸਿੱਖਾਂ) ਸਿੱਖਣਾ ਕਰਾਂ	Sathasangath Sathigur Chattasaal Hai Jith Har Gun Sikhaa ||	The Sat Sangat, the True Congregation of the True Guru, is the school of the soul, where the Glorious Virtues of the Lord are studied.	(ਤੇ, ਇਹ ਮੱਤ ਮਿਲਦੀ ਹੈ ਸਾਧ ਸੰਗਤ ਵਿਚ) ਸਾਧ ਸੰਗਤ ਸਤਿਗੁਰੂ ਦੀ ਪਾਠਸ਼ਾਲਾ ਹੈ ਜਿਸ ਵਿਚ ਪਰਮਾਤਮਾ ਦੇ ਗੁਣ ਸਿੱਖੇ ਜਾ ਸਕਦੇ ਹਨ।
56353	1316	ਧਨੁ ਧੰਨੁ ਸੁ ਰਸਨਾ ਧੰਨੁ ਕਰ ਧੰਨੁ ਸੁ ਪਾਧਾ ਸਤਿਗੁਰੂ ਜਿਤੁ ਮਿਲਿ ਹਰਿ ਲੇਖਾ ਲਿਖਾ॥੮॥	ਲਿਖਾ: ਬਿੰਦੀ ਨ ਲਾਓ। (ਲਿਖਾ) ਲੇਖਾ ਲਿਖਾ ਲਿਆ ਹੈ	Dhhan Dhhann S Rasanaa Dhhann Kar Dhhann S Paadhhaa Sathiguroo Jith Mil Har Laekhaa Likhaa ||8||	Blessed, blessed is the tongue, blessed is the hand, and blessed is the Teacher, the True Guru; meeting Him, the Account of the Lord is written. ||8||	ਧੰਨ ਹੈ ਉਹ ਜੀਭ (ਜਿਹੜੀ ਪਰਮਾਤਮਾ ਦਾ ਨਾਮ ਜਪਦੀ ਹੈ) ਧੰਨ ਹਨ ਉਹ ਹੱਥ (ਜਿਹੜੇ ਸਾਧ ਸੰਗਤ ਵਿਚ ਪੱਖੇ ਆਦਿਕ ਦੀ ਸੇਵਾ ਕਰਦੇ ਹਨ) ਧੰਨ ਹੈ ਉਹ ਪਾਂਧਾ ਗੁਰੂ ਜਿਸ ਦੀ ਰਾਹੀਂ ਪਰਮਾਤਮਾ ਨੂੰ ਮਿਲ ਕੇ ਉਸ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਕਰੀਦੀਆਂ ਹਨ ॥੮॥

56354	1316	ਸਲੋਕ ਮਃ ੪॥		Salok Ma 4 ||	Shalok, Fourth Mehl:	
56355	1316	ਹਰਿ ਹਰਿ ਨਾਮੁ ਅੰਮ੍ਰਿਤੁ ਹੈ ਹਰਿ ਜਪੀਐ ਸਤਿਗੁਰ ਭਾਇ॥		Har Har Naam Anmrith Hai Har Japeeai Sathigur Bhaae ||	The Name of the Lord, Har, Har, is Ambrosial Nectar. Meditate on the Lord, with love for the True Guru.	ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਜਲ ਹੈ (ਪਰ ਇਹ ਨਾਮ) ਗੁਰੂ ਦੇ ਅਨੁਸਾਰ ਰਹਿ ਕੇ ਜਪਿਆ ਜਾ ਸਕਦਾ ਹੈ।
56356	1316	ਹਰਿ ਹਰਿ ਨਾਮੁ ਪਵਿਤੁ ਹੈ ਹਰਿ ਜਪਤ ਸੁਨਤ ਦੁਖੁ ਜਾਇ॥		Har Har Naam Pavith Hai Har Japath Sunath Dhukh Jaae ||	The Name of the Lord, Har, Har is Sacred and Pure. Chanting it and listening to it, pain is taken away.	ਪ੍ਰਭੂ ਦਾ ਨਾਮ ਜੀਵਨ ਨੂੰ ਸੁੱਚਾ ਕਰਨ ਵਾਲਾ ਹੈ, ਇਸ ਨੂੰ ਜਪਦਿਆਂ ਸੁਣਦਿਆਂ (ਹਰੇਕ) ਦੁੱਖ ਦੂਰ ਹੋ ਜਾਂਦਾ ਹੈ,
56357	1316	ਹਰਿ ਨਾਮੁ ਤਿਨੀ ਆਰਾਧਿਆ ਜਿਨ ਮਸਤਕਿ ਲਿਖਿਆ ਧੁਰਿ ਪਾਇ॥		Har Naam Thinee Aaraadhhiaa Jin Masathak Likhiaa Dhhur Paae ||	They alone worship and adore the Lord's Name, upon whose foreheads such pre-ordained destiny is written.	(ਪਰ ਇਹ) ਹਰਿ-ਨਾਮ ਉਹਨਾਂ ਮਨੁੱਖਾਂ ਨੇ ਹੀ ਸਿਮਰਿਆ ਹੈ ਜਿਨ੍ਹਾਂ ਨੇ (ਪਿਛਲੇ ਕੀਤੇ ਕਰਮਾਂ ਅਨੁਸਾਰ) ਮੱਥੇ ਉਤੇ ਧੁਰੋਂ ਲਿਖਿਆ ਲੇਖ ਪ੍ਰਾਪਤ ਕੀਤਾ ਹੈ।
56358	1316	ਹਰਿ ਦਰਗਹ ਜਨ ਪੈਨਾਈਅਨਿ ਜਿਨ ਹਰਿ ਮਨਿ ਵਸਿਆ ਆਇ॥	ਪੈਨ੍ਹਾਈਅਨਿ	Har Dharageh Jan Painaaeean Jin Har Man Vasiaa Aae ||	Those humble beings are honored in the Court of the Lord; the Lord comes to abide in their minds.	ਜਿਨ੍ਹਾਂ ਦੇ ਮਨ ਵਿਚ ਪਰਮਾਤਮਾ ਆ ਵੱਸਦਾ ਹੈ, ਪਰਮਾਤਮਾ ਦੀ ਹਜ਼ੂਰੀ ਵਿਚ ਉਹਨਾਂ ਨੂੰ ਆਦਰ ਮਿਲਦਾ ਹੈ।

56359	1316	ਜਨ ਨਾਨਕ ਤੇ ਮੁਖ ਉਜਲੇ ਜਿਨ ਹਰਿ ਸੁਣਿਆ ਮਨਿ ਭਾਇ॥੧॥	ਉੱਜਲੇ	Jan Naanak Thae Mukh Oujalae Jin Har Suniaa Man Bhaae ||1||	O servant Nanak, their faces are radiant. They listen to the Lord; their minds are filled with love. ||1||	ਹੇ ਦਾਸ ਨਾਨਕ! ਜਿਨ੍ਹਾਂ ਮਨੁੱਖਾਂ ਨੇ ਪ੍ਰੇਮ ਨਾਲ ਆਪਣੇ ਮਨ ਵਿਚ ਪਰਮਾਤਮਾ (ਦਾ ਨਾਮ) ਸੁਣਿਆ ਹੈ ਉਹ (ਲੋਕ ਪਰਲੋਕ ਵਿਚ) ਸੁਰਖ਼ਰੂ ਹੁੰਦੇ ਹਨ ॥੧॥
56360	1316	ਮਃ ੪॥		Ma 4 ||	Fourth Mehl:	
56361	1316	ਹਰਿ ਹਰਿ ਨਾਮੁ ਨਿਧਾਨੁ ਹੈ ਗੁਰਮੁਖਿ ਪਾਇਆ ਜਾਇ॥		Har Har Naam Nidhhaan Hai Guramukh Paaeiaa Jaae ||	The Name of the Lord, Har, Har, is the greatest treasure. The Gurmukhs obtain it.	ਪਰਮਾਤਮਾ ਦਾ ਨਾਮ (ਸਾਰੇ ਸੁਖਾਂ ਦਾ) ਖ਼ਜ਼ਾਨਾ ਹੈ, (ਪਰ) ਇਹ ਮਿਲਦਾ ਹੈ ਗੁਰੂ ਦੀ ਸਰਨ ਪਿਆਂ।
56362	1316	ਜਿਨ ਧੁਰਿ ਮਸਤਕਿ ਲਿਖਿਆ ਤਿਨ ਸਤਿਗੁਰੁ ਮਿਲਿਆ ਆਇ॥		Jin Dhhur Masathak Likhiaa Thin Sathigur Miliaa Aae ||	The True Guru comes to meet those who have such pre-ordained destiny written upon their foreheads.	ਤੇ, ਗੁਰੂ ਮਿਲਦਾ ਹੈ ਉਹਨਾਂ ਮਨੁੱਖਾਂ ਨੂੰ, ਜਿਨ੍ਹਾਂ ਦੇ ਮੱਥੇ ਉਤੇ (ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਗੁਰੂ-ਮਿਲਾਪ ਦਾ) ਲੇਖ ਲਿਖਿਆ ਹੁੰਦਾ ਹੈ।
56363	1316	ਤਨੁ ਮਨੁ ਸੀਤਲੁ ਹੋਇਆ ਸਾਂਤਿ ਵਸੀ ਮਨਿ ਆਇ॥		Than Man Seethal Hoeiaa Saanth Vasee Man Aae ||	Their bodies and minds are cooled and soothed; peace and tranquility come to dwell in their minds.	ਉਹਨਾਂ ਦੇ ਮਨ ਵਿਚ ਸ਼ਾਂਤੀ ਬਣੀ ਰਹਿੰਦੀ ਹੈ ਉਹਨਾਂ ਦਾ ਮਨ ਉਹਨਾਂ ਦਾ ਤਨ ਠੰਢਾ-ਠਾਰ ਟਿਕਿਆ ਰਹਿੰਦਾ ਹੈ (ਉਹਨਾਂ ਦੇ ਅੰਦਰ ਵਿਕਾਰਾਂ ਦੀ ਤਪਸ਼ ਨਹੀਂ ਹੁੰਦੀ)।

56364	1316	ਨਾਨਕ ਹਰਿ ਹਰਿ ਚਉਦਿਆ ਸਭੁ ਦਾਲਦੁ ਦੁਖੁ ਲਹਿ ਜਾਇ॥੨॥	ਚਉਂਦਿਆਂ	Naanak Har Har Choudhiaa Sabh Dhaaladh Dhukh Lehi Jaae ||2||	O Nanak, chanting the Name of the Lord, Har, Har, all poverty and pain is dispelled. ||2||	ਹੇ ਨਾਨਕ! (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਜਪਦਿਆਂ ਹਰੇਕ ਦੁੱਖ ਹਰੇਕ ਦਰਿੱਦ੍ਰ ਦੂਰ ਹੋ ਜਾਂਦਾ ਹੈ ॥੨॥
56365	1316	ਪਉੜੀ॥		Pourree ||	Pauree:	
56366	1316	ਹਉ ਵਾਰਿਆ ਤਿਨ ਕਉ ਸਦਾ ਸਦਾ ਜਿਨਾ ਸਤਿਗੁਰੁ ਮੇਰਾ ਪਿਆਰਾ ਦੇਖਿਆ॥		Ho Vaariaa Thin Ko Sadhaa Sadhaa Jinaa Sathigur Maeraa Piaaraa Dhaekhiaa ||	I am a sacrifice, forever and ever, to those who have seen my Beloved True Guru.	ਮੈਂ ਸਦਕੇ ਜਾਂਦਾ ਹਾਂ ਸਦਾ ਹੀ ਉਹਨਾਂ (ਮਨੁੱਖਾਂ) ਤੋਂ, ਜਿਨ੍ਹਾਂ ਨੇ ਮੇਰੇ ਪਿਆਰੇ ਗੁਰੂ ਦਾ ਦਰਸਨ (ਸਦਾ) ਕੀਤਾ ਹੈ,
56367	1316	ਤਿਨ ਕਉ ਮਿਲਿਆ ਮੇਰਾ ਸਤਿਗੁਰੂ ਜਿਨ ਕਉ ਧੁਰਿ ਮਸਤਕਿ ਲੇਖਿਆ॥		Thin Ko Miliaa Maeraa Sathiguroo Jin Ko Dhhur Masathak Laekhiaa ||	They alone meet my True Guru, who have such pre-ordaind destiny written upon their foreheads.	(ਪਰ) ਪਿਆਰਾ ਗੁਰੂ ਉਹਨਾਂ ਨੂੰ ਹੀ ਮਿਲਦਾ ਹੈ, ਜਿਨ੍ਹਾਂ ਦੇ ਮੱਥੇ ਉਤੇ (ਉਹਨਾਂ ਦੇ ਪਿਛਲੇ ਕੀਤੇ ਕਰਮਾਂ ਅਨੁਸਾਰ) ਧੁਰ ਦਰਗਾਹ ਤੋਂ (ਗੁਰੂ-ਮਿਲਾਪ ਦਾ) ਲੇਖ ਲਿਖਿਆ ਹੁੰਦਾ ਹੈ।

56368	1316	ਹਰਿ ਅਗਮੁ ਧਿਆਇਆ ਗੁਰਮਤੀ ਤਿਸੁ ਰੂਪੁ ਨਹੀ ਪ੍ਰਭ ਰੇਖਿਆ॥		Har Agam Dhhiaaeiaa Guramathee This Roop Nehee Prabh Raekhiaa ||	I meditate on the Inaccessible Lord, according to the Guru's Teachings; God has no form or feature.	ਉਹ ਮਨੁੱਖ ਗੁਰੂ ਦੀ ਸਿੱਖਿਆ ਉਤੇ ਤੁਰ ਕੇ ਉਸ ਅਪਹੁੰਚ ਪਰਮਾਤਮਾ ਦਾ ਸਿਮਰਨ ਕਰਦੇ ਰਹਿੰਦੇ ਹਨ ਜਿਸ ਦਾ ਕੋਈ ਰੂਪ-ਰੇਖ ਬਿਆਨ ਨਹੀਂ ਕੀਤਾ ਜਾ ਸਕਦਾ।
56369	1316	ਗੁਰ ਬਚਨਿ ਧਿਆਇਆ ਜਿਨਾ ਅਗਮੁ ਹਰਿ ਤੇ ਠਾਕੁਰ ਸੇਵਕ ਰਲਿ ਏਕਿਆ॥		Gur Bachan Dhhiaaeiaa Jinaa Agam Har Thae Thaakur Saevak Ral Eaekiaa ||	Those who follow the Guru's Teachings and meditate on the Inaccessible Lord, merge with their Lord and Master and become one with Him.	ਜਿਹੜੇ ਮਨੁੱਖ ਗੁਰੂ ਦੇ ਹੁਕਮ ਵਿਚ ਤੁਰ ਕੇ ਉਸ ਅਪਹੁੰਚ ਪਰਮਾਤਮਾ ਦਾ ਧਿਆਨ ਧਰਦੇ ਹਨ, ਪਰਮਾਤਮਾ ਦੇ ਉਹ ਸੇਵਕ (ਪਰਮਾਤਮਾ ਵਿਚ) ਮਿਲ ਕੇ (ਉਸ ਨਾਲ) ਇੱਕ-ਰੂਪ ਹੋ ਜਾਂਦੇ ਹਨ।
56370	1316	ਸਭਿ ਕਹਹੁ ਮੁਖਹੁ ਨਰ ਨਰਹਰੇ ਨਰ ਨਰਹਰੇ ਨਰ ਨਰਹਰੇ ਹਰਿ ਲਾਹਾ ਹਰਿ ਭਗਤਿ ਵਿਸੇਖਿਆ॥੯॥	(ਵਿਸੇਖਿਆ) ਵਿਸ਼ੇਸ਼ ਅਸਲੀ ਪ੍ਰੇਮਾ-ਭਗਤੀ	Sabh Kehahu Mukhahu Nar Nareharae Nar Nareharae Nar Nareharae Har Laahaa Har Bhagath Visaekhiaa ||9||	Let everyone proclaim out loud, the Name of the Lord, the Lord, the Lord; the profit of devotional worship of the Lord is blessed and sublime. ||9||	ਤੁਸੀਂ ਸਾਰੇ (ਆਪਣੇ) ਮੂੰਹੋਂ ਸਦਾ ਪਰਮਾਤਮਾ ਦਾ ਨਾਮ ਉਚਾਰਦੇ ਰਹੋ। ਪਰਮਾਤਮਾ ਦਾ ਨਾਮ ਜਪਣ ਦਾ ਇਹ ਨਫ਼ਾ ਹੋਰ ਸਾਰੇ ਨਫ਼ਿਆਂ ਨਾਲੋਂ ਵਧੀਆ ਹੈ ॥੯॥
56371	1316	ਸਲੋਕ ਮਃ ੪॥		Salok Ma 4 ||	Shalok, Fourth Mehl:	

56372	1316	ਰਾਮ ਨਾਮੁ ਰਮੁ ਰਵਿ ਰਹੇ ਰਮੁ ਰਾਮੋ ਰਾਮੁ ਰਮੀਤਿ॥		Raam Naam Ram Rav Rehae Ram Raamo Raam Rameeth ||	The Lord's Name is permeating and pervading all. Repeat the Name of the Lord Raam Raam.	ਹੇ ਭਾਈ! ਉਸ ਪਰਮਾਤਮਾ ਦਾ ਨਾਮ ਸਦਾ ਸਿਮਰ, ਸਦਾ ਸਿਮਰ, ਜੋ ਹਰ ਥਾਂ ਰਮਿਆ ਹੋਇਆ ਹੈ,
56373	1316	ਘਟਿ ਘਟਿ ਆਤਮ ਰਾਮੁ ਹੈ ਪ੍ਰਭਿ ਖੇਲੁ ਕੀਓ ਰੰਗਿ ਰੀਤਿ॥		Ghatt Ghatt Aatham Raam Hai Prabh Khael Keeou Rang Reeth ||	The Lord is in the home of each and every soul. God created this play with its various colors and forms.	ਜੋ ਪਰਮਾਤਮਾ ਹਰੇਕ ਸਰੀਰ ਵਿਚ ਮੌਜੂਦ ਹੈ, ਜਿਸ ਪ੍ਰਭੂ ਨੇ ਆਪਣੀ ਮੌਜ ਵਿਚ ਆਪਣੇ ਹੀ ਢੰਗ ਨਾਲ ਇਹ ਜਗਤ-ਖੇਡ ਬਣਾਈ ਹੈ।
56374	1316	ਹਰਿ ਨਿਕਟਿ ਵਸੈ ਜਗਜੀਵਨਾ ਪਰਗਾਸੁ ਕੀਓ ਗੁਰ ਮੀਤਿ॥		Har Nikatt Vasai Jagajeevanaa Paragaas Keeou Gur Meeth ||	The Lord, the Life of the World, dwells near at hand. The Guru, my Friend, has made this clear.	(ਜਿਸ ਮਨੁੱਖ ਦੇ ਅੰਦਰ) ਮਿੱਤਰ ਗੁਰੂ ਨੇ ਸੂਝ-ਬੂਝ ਪੈਦਾ ਕੀਤੀ (ਉਸ ਨੂੰ ਸਮਝ ਆ ਜਾਂਦੀ ਹੈ ਕਿ) ਜਗਤ ਦਾ ਜੀਵਨ ਪ੍ਰਭੂ (ਹਰੇਕ ਦੇ) ਨੇੜੇ ਵੱਸਦਾ ਹੈ।
56375	1317	ਹਰਿ ਸੁਆਮੀ ਹਰਿ ਪ੍ਰਭੁ ਤਿਨ ਮਿਲੇ ਜਿਨ ਲਿਖਿਆ ਧੁਰਿ ਹਰਿ ਪ੍ਰੀਤਿ॥		Har Suaamee Har Prabh Thin Milae Jin Likhiaa Dhhur Har Preeth ||	They alone meet the Lord, the Lord God, their Lord and Master, whose love for the Lord is pre-ordained.	(ਪਰ) ਸੁਆਮੀ ਪ੍ਰਭੂ ਉਹਨਾਂ ਨੂੰ ਮਿਲਦਾ ਹੈ ਜਿਨ੍ਹਾਂ ਦੇ ਮੱਥੇ ਉਤੇ (ਪਿਛਲੇ ਕੀਤੇ ਕਰਮਾਂ ਅਨੁਸਾਰ) ਧੁਰੋਂ ਹੀ ਪਰਮਾਤਮਾ ਨਾਲ ਪਿਆਰ ਦਾ ਲੇਖ ਲਿਖਿਆ ਹੁੰਦਾ ਹੈ।

56376	1317	ਜਨ ਨਾਨਕ ਨਾਮੁ ਧਿਆਇਆ ਗੁਰ ਬਚਨਿ ਜਪਿਓ ਮਨਿ ਚੀਤਿ॥੧॥		Jan Naanak Naam Dhhiaaeiaa Gur Bachan Japiou Man Cheeth ||1||	Servant Nanak meditates on the Naam, the Name of the Lord; through the Word of the Guru's Teachings, chant it consciously with your mind. ||1||	ਹੇ ਦਾਸ ਨਾਨਕ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਬਚਨ ਦੀ ਰਾਹੀਂ (ਗੁਰੂ ਦੇ ਦੱਸੇ ਰਸਤੇ ਤੁਰ ਕੇ) ਮਨ ਵਿਚ ਚਿੱਤ ਵਿਚ ਨਾਮ ਜਪਿਆ ਹੈ (ਅਸਲ ਵਿਚ ਉਹਨਾਂ ਨੇ ਹੀ) ਨਾਮ ਸਿਮਰਿਆ ਹੈ ॥੧॥
56377	1317	ਮਃ ੪॥		Ma 4 ||	Fourth Mehl:	
56378	1317	ਹਰਿ ਪ੍ਰਭੁ ਸਜਣੁ ਲੋੜਿ ਲਹੁ ਭਾਗਿ ਵਸੈ ਵਡਭਾਗਿ॥		Har Prabh Sajan Lorr Lahu Bhaag Vasai Vaddabhaag ||	Seek the Lord God, your Best Friend; by great good fortune, He comes to dwell with the very fortunate ones.	(ਗੁਰੂ ਦੀ ਸਰਨ ਪੈ ਕੇ) ਮਿੱਤਰ ਪ੍ਰਭੂ ਨੂੰ ਲੱਭ ਲੈ, (ਉਹ ਮਿੱਤਰ-ਪ੍ਰਭੂ) ਕਿਸਮਤ ਨਾਲ ਵੱਡੀ ਕਿਸਮਤ ਨਾਲ (ਹਿਰਦੇ ਵਿਚ ਆ) ਵੱਸਦਾ ਹੈ।
56379	1317	ਗੁਰਿ ਪੂਰੈ ਦੇਖਾਲਿਆ ਨਾਨਕ ਹਰਿ ਲਿਵ ਲਾਗਿ॥੨॥		Gur Poorai Dhaekhaaliaa Naanak Har Liv Laag ||2||	Through the Perfect Guru, He is revealed, O Nanak, and one is lovingly attuned to the Lord. ||2||	ਹੇ ਨਾਨਕ! ਜਿਸ ਮਨੁੱਖ ਨੂੰ ਪੂਰੇ ਗੁਰੂ ਨੇ (ਉਸ ਦਾ) ਦਰਸਨ ਕਰਾ ਦਿੱਤਾ, ਉਸ ਦੀ ਸੁਰਤ (ਹਰ ਵੇਲੇ) ਹਰੀ-ਪ੍ਰਭੂ ਵਿਚ ਲੱਗੀ ਰਹਿੰਦੀ ਹੈ ॥੨॥
56380	1317	ਪਉੜੀ॥		Pourree ||	Pauree:	

56381	1317	ਧਨੁ ਧਨੁ ਸੁਹਾਵੀ ਸਫਲ ਘੜੀ ਜਿਤੁ ਹਰਿ ਸੇਵਾ ਮਨਿ ਭਾਣੀ॥		Dhhan Dhhan Suhaavee Safal Gharree Jith Har Saevaa Man Bhaanee ||	Blessed, blessed, beauteous and fruitful is that moment, when service to the Lord becomes pleasing to the mind.	(ਮਨੁੱਖ ਵਾਸਤੇ ਉਹ) ਘੜੀ ਭਾਗਾਂ ਵਾਲੀ ਹੁੰਦੀ ਹੈ ਸੋਹਣੀ ਹੁੰਦੀ ਹੈ ਮਨੁੱਖਾ ਜੀਵਨ ਦਾ ਮਨੋਰਥ ਪੂਰਾ ਕਰਨ ਵਾਲੀ ਹੁੰਦੀ ਹੈ। ਜਿਸ ਵਿਚ (ਮਨੁੱਖ ਨੂੰ ਆਪਣੇ) ਮਨ ਵਿਚ ਪਰਮਾਤਮਾ ਦੀ ਸੇਵਾ-ਭਗਤੀ ਚੰਗੀ ਲੱਗਦੀ ਹੈ।
56382	1317	ਹਰਿ ਕਥਾ ਸੁਣਾਵਹੁ ਮੇਰੇ ਗੁਰਸਿਖਹੁ ਮੇਰੇ ਹਰਿ ਪ੍ਰਭ ਅਕਥ ਕਹਾਣੀ॥	ਅ-ਕਥ: ਪੋਲਾ ਬੋਲੋ	Har Kathhaa Sunaavahu Maerae Gurasikhahu Maerae Har Prabh Akathh Kehaanee ||	So proclaim the story of the Lord, O my GurSikhs; speak the Unspoken Speech of my Lord God.	ਹੇ ਮੇਰੇ ਗੁਰੂ ਦੇ ਸਿੱਖੋ! ਤੁਸੀਂ ਮੈਨੂੰ ਭੀ ਅਕੱਥ ਪ੍ਰਭੂ ਦੀਆਂ ਸਿਫ਼ਤ-ਸਾਲਾਹ ਦੀਆਂ ਗੱਲਾਂ ਸੁਣਾਵੋ,
56383	1317	ਕਿਉ ਪਾਈਐ ਕਿਉ ਦੇਖੀਐ ਮੇਰਾ ਹਰਿ ਪ੍ਰਭੁ ਸੁਘੜੁ ਸੁਜਾਣੀ॥		Kio Paaeeai Kio Dhaekheeai Maeraa Har Prabh Sugharr Sujaanee ||	How can I attain Him? How can I see Him? My Lord God is All-knowing and All-seeing.	(ਤੇ ਦੱਸੋ ਕਿ) ਉਹ ਸੋਹਣਾ ਸਿਆਣਾ ਪ੍ਰਭੂ ਕਿਵੇਂ ਮਿਲ ਸਕਦਾ ਹੈ ਕਿਵੇਂ ਉਸ ਦਾ ਦਰਸਨ ਹੋ ਸਕਦਾ ਹੈ।
56384	1317	ਹਰਿ ਮੇਲਿ ਦਿਖਾਏ ਆਪਿ ਹਰਿ ਗੁਰ ਬਚਨੀ ਨਾਮਿ ਸਮਾਣੀ॥		Har Mael Dhikhaaeae Aap Har Gur Bachanee Naam Samaanee ||	Through the Word of the Guru's Teachings, the Lord reveals Himself; we merge in absorption in the Naam, the Name of the Lord.	ਗੁਰੂ ਦੇ ਬਚਨਾਂ ਉਤੇ ਤੁਰ ਕੇ ਜਿਨ੍ਹਾਂ ਮਨੁੱਖਾਂ ਦੀ ਸੁਰਤ ਪਰਮਾਤਮਾ ਦੇ ਨਾਮ ਵਿਚ ਲੀਨ ਹੁੰਦੀ ਹੈ ਉਹਨਾਂ ਨੂੰ ਪਰਮਾਤਮਾ ਆਪ (ਆਪਣੇ ਚਰਨਾਂ ਵਿਚ) ਜੋੜ ਕੇ ਆਪਣਾ ਦਰਸਨ ਕਰਾਂਦਾ ਹੈ।

56385	1317	ਤਿਨ ਵਿਟਹੁ ਨਾਨਕੁ ਵਾਰਿਆ ਜੋ ਜਪਦੇ ਹਰਿ ਨਿਰਬਾਣੀ॥੧੦॥		Thin Vittahu Naanak Vaariaa Jo Japadhae Har Nirabaanee ||10||	Nanak is a sacrifice unto those who meditate on the Lord of Nirvaanaa. ||10||	ਨਾਨਕ ਉਹਨਾਂ ਤੋਂ ਸਦਕੇ ਜਾਂਦਾ ਹੈ ਜਿਹੜੇ ਨਿਰਲੇਪ ਪਰਮਾਤਮਾ (ਦਾ ਨਾਮ ਹਰ ਵੇਲੇ) ਜਪਦੇ ਹਨ ॥੧੦॥
56386	1317	ਸਲੋਕ ਮਃ ੪॥		Salok Ma 4 ||	Shalok, Fourth Mehl:	
56387	1317	ਹਰਿ ਪ੍ਰਭ ਰਤੇ ਲੋਇਣਾ ਗਿਆਨ ਅੰਜਨੁ ਗੁਰੁ ਦੇਇ॥		Har Prabh Rathae Loeinaa Giaan Anjan Gur Dhaee ||	One's eyes are anointed by the Lord God, when the Guru bestows the ointment of spiritual wisdom.	(ਜਿਨ੍ਹਾਂ ਮਨੁੱਖਾਂ ਨੂੰ) ਗੁਰੂ ਆਤਮਕ ਜੀਵਨ ਦੀ ਸੂਝ ਦਾ ਸੁਰਮਾ ਦੇਂਦਾ ਹੈ, ਉਹਨਾਂ ਦੀਆਂ ਅੱਖਾਂ ਪ੍ਰਭੂ ਦੇ ਪਿਆਰ ਨਾਲ ਰੰਗੀਆਂ ਜਾਂਦੀਆਂ ਹਨ,
56388	1317	ਮੈ ਪ੍ਰਭੁ ਸਜਣੁ ਪਾਇਆ ਜਨ ਨਾਨਕ ਸਹਜਿ ਮਿਲੇਇ॥੧॥		Mai Prabh Sajan Paaeiaa Jan Naanak Sehaj Milaee ||1||	I have found God, my Best Friend; servant Nanak is intuitively absorbed into the Lord. ||1||	ਉਹਨਾਂ ਨੂੰ ਮੇਰਾ ਪਿਆਰਾ ਪ੍ਰਭੂ ਮਿਲ ਪੈਂਦਾ ਹੈ, ਹੇ ਨਾਨਕ! ਉਹ ਮਨੁੱਖ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ ॥੧॥
56389	1317	ਮਃ ੪॥		Ma 4 ||	Fourth Mehl:	
56390	1317	ਗੁਰਮੁਖਿ ਅੰਤਰਿ ਸਾਂਤਿ ਹੈ ਮਨਿ ਤਨਿ ਨਾਮਿ ਸਮਾਇ॥		Guramukh Anthar Saanth Hai Man Than Naam Samaae ||	The Gurmukh is filled with peace and tranquility deep within. His mind and body are absorbed in the Naam, the Name of the Lord.	ਜਿਹੜਾ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰਦਾ ਹੈ ਉਸ ਦੇ ਅੰਦਰ ਸ਼ਾਂਤੀ ਰਹਿੰਦੀ ਹੈ ਉਹ ਮਨੋਂ ਤਨੋਂ (ਹਰ ਵੇਲੇ ਪਰਮਾਤਮਾ ਦੇ) ਨਾਮ ਵਿਚ ਲੀਨ ਰਹਿੰਦਾ ਹੈ,

56391	1317	ਨਾਮੁ ਚਿਤਵੈ ਨਾਮੋ ਪੜੈ ਨਾਮਿ ਰਹੈ ਲਿਵ ਲਾਇ॥		Naam Chithavai Naamo Parrai Naam Rehai Liv Laae ||	He thinks of the Naam, and reads the Naam; he remains lovingly attuned to the Naam.	ਉਹ (ਸਦਾ) ਨਾਮ ਚੇਤੇ ਕਰਦਾ ਹੈ ਉਹ ਸਦਾ ਨਾਮ ਹੀ ਪੜ੍ਹਦਾ ਹੈ, ਉਹ ਹਰਿ-ਨਾਮ ਵਿਚ ਸੁਰਤ ਜੋੜੀ ਰੱਖਦਾ ਹੈ।
56392	1317	ਨਾਮੁ ਪਦਾਰਥੁ ਪਾਈਐ ਚਿੰਤਾ ਗਈ ਬਿਲਾਇ॥		Naam Padhaarathh Paaeeai Chinthaa Gee Bilaae ||	He obtains the Treasure of the Naam, and is rid of anxiety.	(ਜੇ ਗੁਰੂ ਮਿਲ ਪਏ ਤਾਂ ਪਰਮਾਤਮਾ ਦਾ) ਕੀਮਤੀ ਨਾਮ ਹਾਸਲ ਹੋ ਜਾਂਦਾ ਹੈ (ਜਿਸ ਨੂੰ ਹਾਸਲ ਹੁੰਦਾ ਹੈ ਉਸ ਦੇ ਅੰਦਰੋਂ) ਚਿੰਤਾ ਦੂਰ ਹੋ ਜਾਂਦੀ ਹੈ।
56393	1317	ਸਤਿਗੁਰਿ ਮਿਲਿਐ ਨਾਮੁ ਊਪਜੈ ਤ੍ਰਿਸਨਾ ਭੁਖ ਸਭ ਜਾਇ॥		Sathigur Miliai Naam Oopajai Thrisanaa Bhukh Sabh Jaae ||	Meeting with the True Guru, the Naam wells up, and all hunger and thirst depart.	ਜੇ ਗੁਰੂ ਮਿਲ ਪਏ ਤਾਂ (ਮਨੁੱਖ ਦੇ ਅੰਦਰ) ਨਾਮ (ਦਾ ਬੂਟਾ) ਉੱਗ ਪੈਂਦਾ ਹੈ (ਜਿਸ ਦੀ ਬਰਕਤਿ ਨਾਲ ਮਾਇਆ ਦੀ) ਤ੍ਰੇਹ (ਮਾਇਆ ਦੀ) ਭੁੱਖ ਸਾਰੀ ਦੂਰ ਹੋ ਜਾਂਦੀ ਹੈ।
56394	1317	ਨਾਨਕ ਨਾਮੇ ਰਤਿਆ ਨਾਮੋ ਪਲੈ ਪਾਇ॥੨॥		Naanak Naamae Rathiaa Naamo Palai Paae ||2||	O Nanak, one who is imbued with the Naam, gathers the Naam in his lap. ||2||	ਹੇ ਨਾਨਕ! ਜੇ ਪਰਮਾਤਮਾ ਦੇ ਨਾਮ ਵਿਚ ਰੰਗੇ ਰਹੀਏ ਤਾਂ ਨਾਮ ਹੀ ਮਿਲਦਾ ਹੈ ॥੨॥
56395	1317	ਪਉੜੀ॥		Pourree ||	Pauree:	
56396	1317	ਤੁਧੁ ਆਪੇ ਜਗਤੁ ਉਪਾਇ ਕੈ ਤੁਧੁ ਆਪੇ ਵਸਗਤਿ ਕੀਤਾ॥	ਵੱਸਗਤਿ। ਗਤਿ: ਪੋਲਾ ਬੋਲੋ। ਜੱਗਤੁ।	Thudhh Aapae Jagath Oupaae Kai Thudhh Aapae Vasagath Keethaa ||	You Yourself created the world, and You Yourself control it.	ਹੇ ਪ੍ਰਭੂ! ਤੂੰ ਆਪ ਹੀ ਜਗਤ ਪੈਦਾ ਕਰ ਕੇ (ਇਸ ਨੂੰ) ਤੂੰ ਆਪ ਹੀ (ਆਪਣੇ) ਵੱਸ ਵਿਚ ਰੱਖਿਆ ਹੋਇਆ ਹੈ।

56397	1317	ਇਕਿ ਮਨਮੁਖ ਕਰਿ ਹਾਰਾਇਅਨੁ ਇਕਨਾ ਮੇਲਿ ਗੁਰੂ ਤਿਨਾ ਜੀਤਾ॥		Eik Manamukh Kar Haaraaeian Eikanaa Mael Guroo Thinaa Jeethaa ||	Some are self-willed manmukhs - they lose. Others are united with the Guru - they win.	ਕਈ ਜੀਵਾਂ ਨੂੰ ਮਨ ਦੇ ਮੁਰੀਦ ਬਣਾ ਕੇ ਉਸ (ਪਰਮਾਤਮਾ) ਨੇ (ਜੀਵਨ-ਖੇਡ ਵਿਚ) ਹਾਰ ਦੇ ਦਿੱਤੀ ਹੈ, ਪਰ ਕਈਆਂ ਨੂੰ ਗੁਰੂ ਮਿਲਾ ਕੇ (ਉਸ ਨੇ ਇਹੋ ਜਿਹਾ ਬਣਾ ਦਿੱਤਾ ਹੈ ਕਿ) ਉਹਨਾਂ ਨੇ (ਜੀਵਨ ਦੀ ਬਾਜ਼ੀ) ਜਿੱਤ ਲਈ ਹੈ।
56398	1317	ਹਰਿ ਊਤਮੁ ਹਰਿ ਪ੍ਰਭ ਨਾਮੁ ਹੈ ਗੁਰ ਬਚਨਿ ਸਭਾਗੈ ਲੀਤਾ॥		Har Ootham Har Prabh Naam Hai Gur Bachan Sabhaagai Leethaa ||	The Name of the Lord, the Lord God is Sublime. The fortunate ones chant it, through the Word of the Guru's Teachings.	ਪਰਮਾਤਮਾ ਦਾ ਨਾਮ (ਮਨੁੱਖ ਦੇ ਜੀਵਨ ਨੂੰ) ਉੱਚਾ ਕਰਨ ਵਾਲਾ ਹੈ, ਪਰ ਕਿਸੇ ਭਾਗਾਂ ਵਾਲੇ ਨੇ (ਹੀ) ਗੁਰੂ ਦੇ ਉਪਦੇਸ਼ ਦੀ ਰਾਹੀਂ (ਇਹ ਨਾਮ) ਸਿਮਰਿਆ ਹੈ।
56399	1317	ਦੁਖੁ ਦਾਲਦੁ ਸਭੋ ਲਹਿ ਗਇਆ ਜਾਂ ਨਾਉ ਗੁਰੂ ਹਰਿ ਦੀਤਾ॥		Dhukh Dhaaladh Sabho Lehi Gaeiaa Jaan Naao Guroo Har Dheethaa ||	All pain and poverty are taken away, when the Guru bestows the Lord's Name.	ਜਦੋਂ ਗੁਰੂ ਨੇ ਪਰਮਾਤਮਾ ਦਾ ਨਾਮ (ਕਿਸੇ ਭਾਗਾਂ ਵਾਲੇ ਨੂੰ) ਦਿੱਤਾ, ਤਾਂ ਉਸ ਦਾ ਸਾਰਾ ਦੁੱਖ ਸਾਰਾ ਦਰਿੱਦ੍ਰ ਦੂਰ ਹੋ ਗਿਆ।

56400	1317	ਸਭਿ ਸੇਵਹੁ ਮੋਹਨੋ ਮਨਮੋਹਨੋ ਜਗਮੋਹਨੋ ਜਿਨਿ ਜਗਤੁ ਉਪਾਇ ਸਭੋ ਵਸਿ ਕੀਤਾ॥੧੧॥	ਜੱਗਤੁ	Sabh Saevahu Mohano Manamohano Jagamohano Jin Jagath Oupaae Sabho Vas Keethaa ||11||	Let everyone serve the Enticing Enticer of the Mind, the Enticer of the World, who created the world, and controls it all. ||11||	ਤੁਸੀਂ ਸਾਰੇ ਉਸ ਮੋਹਨ ਪ੍ਰਭੂ ਦਾ ਮਨ-ਮੋਹਨ ਪ੍ਰਭੂ ਦਾ ਜਗ-ਮੋਹਨ ਪ੍ਰਭੂ ਦਾ ਨਾਮ ਸਿਮਰਿਆ ਕਰੋ, ਜਿਸ ਨੇ ਜਗਤ ਪੈਦਾ ਕਰ ਕੇ ਇਹ ਸਾਰਾ ਆਪਣੇ ਵੱਸ ਵਿਚ ਰੱਖਿਆ ਹੋਇਆ ਹੈ ॥੧੧॥
56401	1317	ਸਲੋਕ ਮਃ ੪॥		Salok Ma 4 ||	Shalok, Fourth Mehl:	
56402	1317	ਮਨ ਅੰਤਰਿ ਹਉਮੈ ਰੋਗੁ ਹੈ ਭ੍ਰਮਿ ਭੂਲੇ ਮਨਮੁਖ ਦੁਰਜਨਾ॥		Man Anthar Houmai Rog Hai Bhram Bhoolae Manamukh Dhurajanaa ||	The disease of egotism is deep within the mind; the self-willed manmukhs and the evil beings are deluded by doubt.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਦੁਰਾਚਾਰੀ ਮਨੁੱਖ ਭਟਕਣਾ ਦੇ ਕਾਰਨ ਕੁਰਾਹੇ ਪਏ ਰਹਿੰਦੇ ਹਨ (ਕਿਉਂਕਿ ਉਹਨਾਂ ਦੇ) ਮਨ ਵਿਚ ਹਉਮੈ (ਦਾ) ਰੋਗ (ਟਿਕਿਆ ਰਹਿੰਦਾ) ਹੈ।
56403	1317	ਨਾਨਕ ਰੋਗੁ ਵਞਾਇ ਮਿਲਿ ਸਤਿਗੁਰ ਸਾਧੂ ਸਜਨਾ॥੧॥	ਵਞਾਇ: ਞ ਖਿਆਲ ਨਾਲ ਬੋਲੋ। ਸੱਜਨਾ	Naanak Rog Vanjaae Mil Sathigur Saadhhoo Sajanaa ||1||	O Nanak, the disease is cured only by meeting with the True Guru, the Holy Friend. ||1||	ਹੇ ਨਾਨਕ! (ਸਾਧੂ ਸੱਜਣ ਗੁਰੂ ਨੂੰ ਮਿਲ ਕੇ (ਹੀ ਇਹ) ਰੋਗ ਦੂਰ ਕਰ (ਦੂਰ ਕੀਤਾ ਜਾ ਸਕਦਾ ਹੈ) ॥੧॥
56404	1317	ਮਃ ੪॥		Ma 4 ||	Fourth Mehl:	

56405	1317	ਮਨੁ ਤਨੁ ਤਾਮਿ ਸਗਾਰਵਾ ਜਾਂ ਦੇਖਾ ਹਰਿ ਨੈਣੇ॥	ਅਨੇਕ ਸ਼ੁਭ ਗੁਣਾਂ ਦੇ ਸ਼ੁਭ ਸ਼ਿੰਗਾਰ ਸਹਿਤ (ਸਗਾਰਵਾ) ਭਾਰਾ, ਸਫਲਾ। ਦੇਖਾਂ। (ਦੂਜਾ ਪਾਠ: ਤਾਮਿਸ ਗਾਰਵਾ)	Man Than Thaam Sagaaravaa Jaan Dhaekhaa Har Nainae ||	My mind and body are embellished and exalted, when I behold the Lord with my eyes.	(ਮੇਰਾ ਇਹ) ਮਨ ਅਤੇ ਸਰੀਰ ਤਦੋਂ ਹੀ ਆਦਰ ਜੋਗ ਹੋ ਸਕਦਾ ਹੈ, ਜਦੋਂ ਮੈਂ (ਆਪਣੀਆਂ) ਅੱਖਾਂ ਨਾਲ ਪਰਮਾਤਮਾ ਦਾ ਦਰਸਨ ਕਰ ਸਕਾਂ।
56406	1317	ਨਾਨਕ ਸੋ ਪ੍ਰਭੁ ਮੈ ਮਿਲੈ ਹਉ ਜੀਵਾ ਸਦੁ ਸੁਣੇ॥੨॥	(ਸੱਦੁ) ਗੁਰਸਬਦ	Naanak So Prabh Mai Milai Ho Jeevaa Sadh Sunae ||2||	O Nanak, meeting with that God, I live, hearing His Voice. ||2||	ਹੇ ਨਾਨਕ! (ਜਦੋਂ) ਉਹ ਪ੍ਰਭੂ ਮੈਨੂੰ ਮਿਲਦਾ ਹੈ, ਤਦੋਂ ਮੈਂ ਉਸ ਦੀ ਸਿਫ਼ਤ-ਸਾਲਾਹ ਦੀ ਗੱਲ ਸੁਣ ਕੇ ਆਤਮਕ ਜੀਵਨ ਹਾਸਲ ਕਰਦਾ ਹਾਂ ॥੨॥
56407	1317	ਪਉੜੀ॥		Pourree ||	Pauree:	
56408	1317	ਜਗੰਨਾਥ ਜਗਦੀਸਰ ਕਰਤੇ ਅਪਰੰਪਰ ਪੁਰਖੁ ਅਤੋਲੁ॥	ਅਪ-ਰੰਪਰ	Jagannaathh Jagadheesar Karathae Aparanpar Purakh Athol ||	The Creator is the Lord of the World, the Master of the Universe, the Infinite Primal Immeasurable Being.	ਹੇ ਜਗਤ ਦੇ ਨਾਥ! ਹੇ ਜਗਤ ਦੇ ਮਾਲਕ! ਹੇ ਬੇਅੰਤ ਕਰਤਾਰ! ਤੂੰ ਸਰਬ-ਵਿਆਪਕ ਹੈਂ, ਤੇਰੀ ਹਸਤੀ ਦਾ ਅੰਦਾਜ਼ਾ ਨਹੀਂ ਲੱਗ ਸਕਦਾ।
56409	1317	ਹਰਿ ਨਾਮੁ ਧਿਆਵਹੁ ਮੇਰੇ ਗੁਰਸਿਖਹੁ ਹਰਿ ਊਤਮੁ ਹਰਿ ਨਾਮੁ ਅਮੋਲੁ॥		Har Naam Dhhiaavahu Maerae Gurasikhahu Har Ootham Har Naam Amol ||	Meditate on the Lord's Name, O my GurSikhs; the Lord is Sublime, the Lord's Name is Invaluable.	ਹੇ ਮੇਰੇ ਗੁਰੂ ਦੇ ਸਿੱਖੋ! ਪਰਮਾਤਮਾ ਦਾ ਨਾਮ ਸਿਮਰਿਆ ਕਰੋ, ਪਰਮਾਤਮਾ ਦਾ ਨਾਮ ਜੀਵਨ ਨੂੰ ਉੱਚਾ ਕਰਨ ਵਾਲਾ ਹੈ (ਪਰ) ਉਹ ਨਾਮ ਕਿਸੇ ਮੁੱਲ ਤੋਂ ਨਹੀਂ ਮਿਲਦਾ।

56410	1317	ਜਿਨ ਧਿਆਇਆ ਹਿਰਦੈ ਦਿਨਸੁ ਰਾਤਿ ਤੇ ਮਿਲੇ ਨਹੀ ਹਰਿ ਰੋਲੁ॥		Jin Dhhiaaeiaa Hiradhai Dhinas Raath Thae Milae Nehee Har Rol ||	Those who meditate on Him in their hearts, day and night, merge with the Lord - there is no doubt about it.	ਜਿਨ੍ਹਾਂ ਮਨੁੱਖਾਂ ਨੇ ਦਿਨ ਰਾਤ (ਹਰ ਵੇਲੇ) ਆਪਣੇ ਹਿਰਦੇ ਵਿਚ ਹਰਿ-ਨਾਮ ਸਿਮਰਿਆ, ਉਹ ਮਨੁੱਖ ਪਰਮਾਤਮਾ ਨਾਲ ਇੱਕ-ਰੂਪ ਹੋ ਗਏ, ਇਸ ਵਿਚ ਕੋਈ ਸ਼ੱਕ ਨਹੀਂ ਹੈ।
56411	1317	ਵਡਭਾਗੀ ਸੰਗਤਿ ਮਿਲੈ ਗੁਰ ਸਤਿਗੁਰ ਪੂਰਾ ਬੋਲੁ॥		Vaddabhaagee Sangath Milai Gur Sathigur Pooraa Bol ||	By great good fortune, they join the Sangat, the Holy Congregation, and speak the Word of the Guru, the Perfect True Guru.	(ਪਰ) ਵੱਡੇ ਭਾਗਾਂ ਨਾਲ ਮਨੁੱਖ ਗੁਰੂ ਦੀ ਸੰਗਤ ਵਿਚ ਮਿਲਦਾ ਹੈ (ਤੇ ਸੰਗਤ ਵਿਚੋਂ ਉਸ ਨੂੰ) ਗੁਰੂ ਦਾ ਪੂਰਨ ਉਪਦੇਸ਼ ਮਿਲਦਾ ਹੈ (ਜਿਸ ਦੀ ਬਰਕਤਿ ਨਾਲ ਉਹ ਹਰਿ-ਨਾਮ ਸਿਮਰਦਾ ਹੈ)।
56412	1317	ਸਭਿ ਧਿਆਵਹੁ ਨਰ ਨਾਰਾਇਣੋ ਨਾਰਾਇਣੋ ਜਿਤੁ ਚੂਕਾ ਜਮ ਝਗੜੁ ਝਗੋਲੁ॥੧੨॥		Sabh Dhhiaavahu Nar Naaraaeino Naaraaeino Jith Chookaa Jam Jhagarr Jhagol ||12||	Let everyone meditate on the Lord, the Lord, the All-pervading Lord, by which all disputes and conflicts with Death are ended. ||12||	(ਸੋ, ਗੁਰੂ ਦੀ ਸੰਗਤ ਵਿਚ ਮਿਲ ਕੇ) ਸਾਰੇ ਪਰਮਾਤਮਾ ਦਾ ਨਾਮ ਸਿਮਰਿਆ ਕਰੋ ਜਿਸ ਦੀ ਬਰਕਤਿ ਨਾਲ ਜਮ ਦਾ ਰਗੜਾ-ਝਗੜਾ ਮੁੱਕ ਜਾਂਦਾ ਹੈ ॥੧੨॥
56413	1317	ਸਲੋਕ ਮਃ ੪॥		Salok Ma 4 ||	Shalok, Fourth Mehl:	
56414	1317	ਹਰਿ ਜਨ ਹਰਿ ਹਰਿ ਚਉਦਿਆ ਸਰੁ ਸੰਧਿਆ ਗਾਵਾਰ॥	ਚਉਂਦਿਆਂ	Har Jan Har Har Choudhiaa Sar Sandhhiaa Gaavaar ||	The humble servant of the Lord chants the Name, Har, Har. The foolish idiot shoots arrows at him.	ਮੂਰਖ ਮਨੁੱਖ ਹੀ ਪਰਮਾਤਮਾ ਦਾ ਨਾਮ ਜਪਦੇ ਸੰਤ ਜਨਾਂ ਉਤੇ ਤੀਰ ਚਲਾਂਦੇ ਹਨ।

56415	1317	ਨਾਨਕ ਹਰਿ ਜਨ ਹਰਿ ਲਿਵ ਉਬਰੇ ਜਿਨ ਸੰਧਿਆ ਤਿਸੁ ਫਿਰਿ ਮਾਰ॥੧॥		Naanak Har Jan Har Liv Oubarae Jin Sandhhiaa This Fir Maar ||1||	O Nanak, the humble servant of the Lord is saved by the Love of the Lord. The arrow is turned around, and kills the one who shot it. ||1||	ਪਰ ਹੇ ਨਾਨਕ! ਉਹ ਸੰਤ ਜਨ ਤਾਂ ਪਰਮਾਤਮਾ ਵਿਚ ਸੁਰਤ ਜੋੜ ਕੇ ਬਚ ਨਿਕਲਦੇ ਹਨ; ਜਿਸ (ਮੂਰਖ) ਨੇ (ਤੀਰ) ਚਲਾਇਆ ਹੁੰਦਾ ਹੈ, ਉਸ ਨੂੰ ਹੀ ਪਰਤ ਕੇ ਮੌਤ ਆਉਂਦੀ ਹੈ (ਭਾਵ, ਸੰਤ ਨਾਲ ਵੈਰ ਕਰਨ ਵਾਲੇ ਮਨੁੱਖ ਆਤਮਕ ਮੌਤ ਸਹੇੜ ਲੈਂਦੇ ਹਨ) ॥੧॥
56416	1318	ਮਃ ੪॥		Ma 4 ||	Fourth Mehl:	
56417	1318	ਅਖੀ ਪ੍ਰੇਮਿ ਕਸਾਈਆ ਹਰਿ ਹਰਿ ਨਾਮੁ ਪਿਖੰਨ੍ਹি॥	ਅੱਖਾਂ ਚ ਪ੍ਰੇਮ ਦੀ (ਕਸਾਈਆ) ਖਿੱਚ ਆਈ ਹੈ। ਅੱਖੀਂ। (ਕਸਾਈਆ) ਬਿੰਦੀ ਨ ਲਾਉ	Akhee Praem Kasaaeeaa Har Har Naam Pikhannih ||	The eyes which are attracted by the Lord's Love behold the Lord through the Name of the Lord.	(ਉਹੀ ਬੰਦੇ ਹਰ ਥਾਂ) ਪਰਮਾਤਮਾ ਦਾ ਨਾਮ ਵੇਖਦੇ ਹਨ, ਜਿਨ੍ਹਾਂ ਦੀਆਂ ਅੱਖਾਂ ਨੂੰ ਪਰੇਮ ਨੇ ਖਿੱਚ ਪਾਈ ਹੁੰਦੀ ਹੈ।
56418	1318	ਜੇ ਕਰਿ ਦੂਜਾ ਦੇਖਦੇ ਜਨ ਨਾਨਕ ਕਢਿ ਦਿਚੰਨ੍ਹি॥੨॥		Jae Kar Dhoojaa Dhaekhadhae Jan Naanak Kadt Dhichannih ||2||	If they gaze upon something else, O servant Nanak, they ought to be gouged out. ||2||	ਪਰ, ਹੇ ਨਾਨਕ! ਜਿਹੜੇ ਮਨੁੱਖ (ਪ੍ਰਭੂ ਨੂੰ ਛੱਡ ਕੇ) ਹੋਰ ਹੋਰ ਨੂੰ ਵੇਖਦੇ ਹਨ ਉਹ ਪ੍ਰਭੂ ਦੀ ਹਜ਼ੂਰੀ ਵਿਚੋਂ ਰੱਦੇ ਜਾਂਦੇ ਹਨ ॥੨॥
56419	1318	ਪਉੜੀ॥		Pourree ||	Pauree:	
56420	1318	ਜਲਿ ਥਲਿ ਮਹੀਅਲਿ ਪੂਰਨੋ ਅਪਰੰਪਰੁ ਸੋਈ॥	ਅਪ-ਰੰਪਰੁ	Jal Thhal Meheeal Poorano Aparanpar Soee ||	The Infinite Lord totally permeates the water, the land and the sky.	ਉਹ ਬੇਅੰਤ (ਪਰਮਾਤਮਾ) ਹੀ ਜਲ ਵਿਚ ਧਰਤੀ ਵਿਚ ਅਕਾਸ਼ ਵਿਚ (ਹਰ ਥਾਂ) ਵਿਆਪਕ ਹੈ,

56421	1318	ਜੀਅ ਜੰਤ ਪ੍ਰਤਿਪਾਲਦਾ ਜੋ ਕਰੇ ਸੁ ਹੋਈ॥		Jeea Janth Prathipaaladhaa Jo Karae S Hoee ||	He cherishes and sustains all beings and creatures; whatever He does comes to pass.	ਉਹ ਸਾਰੇ ਜੀਵਾਂ ਦੀ ਪਾਲਣਾ ਕਰਦਾ ਹੈ, ਜੋ ਕੁਝ ਉਹ ਕਰਦਾ ਹੈ ਉਹੀ ਹੁੰਦਾ ਹੈ।
56422	1318	ਮਾਤ ਪਿਤਾ ਸੁਤ ਭ੍ਰਾਤ ਮੀਤ ਤਿਸੁ ਬਿਨੁ ਨਹੀ ਕੋਈ॥		Maath Pithaa Suth Bhraath Meeth This Bin Nehee Koee ||	Without Him, we have no mother, father, children, sibling or friend.	(ਸਦਾ ਨਾਲ ਨਿਭਣ ਵਾਲਾ) ਮਾਂ ਪਿਉ ਪੁੱਤਰ ਭਰਾ ਮਿੱਤਰ ਉਸ (ਪਰਮਾਤਮਾ) ਤੋਂ ਬਿਨਾ ਹੋਰ ਕੋਈ ਨਹੀਂ ਹੈ।
56423	1318	ਘਟਿ ਘਟਿ ਅੰਤਰਿ ਰਵਿ ਰਹਿਆ ਜਪਿਅਹੁ ਜਨ ਕੋਈ॥		Ghatt Ghatt Anthar Rav Rehiaa Japiahu Jan Koee ||	He is permeating and pervading deep within each and every heart; let everyone meditate on Him.	ਹੇ ਸੰਤ ਜਨੋਂ! ਕੋਈ ਧਿਰ ਭੀ ਜਪ ਕੇ ਵੇਖ ਲਵੋ (ਜਿਹੜਾ ਭੀ ਜਪਦਾ ਹੈ ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ ਉਹ ਪਰਮਾਤਮਾ) ਹਰੇਕ ਸਰੀਰ ਵਿਚ (ਸਭ ਦੇ) ਅੰਦਰ ਵਿਆਪਕ ਹੈ।
56424	1318	ਸਗਲ ਜਪਹੁ ਗੋਪਾਲ ਗੁਨ ਪਰਗਟੁ ਸਭ ਲੋਈ॥੧੩॥		Sagal Japahu Gopaal Gun Paragatt Sabh Loee ||13||	Let all chant the Glorious Praises of the Lord of the World, who is manifest all over the world. ||13||	ਸਾਰੇ ਉਸ ਗੋਪਾਲ ਪ੍ਰਭੂ ਦੇ ਗੁਣ ਚੇਤੇ ਕਰਦੇ ਰਹੋ, ਉਹ ਪ੍ਰਭੂ ਸਾਰੀ ਸ੍ਰਿਸ਼ਟੀ ਵਿਚ ਪਰਤੱਖ (ਵੱਸਦਾ ਦਿੱਸ ਰਿਹਾ) ਹੈ ॥੧੩॥
56425	1318	ਸਲੋਕ ਮਃ ੪॥		Salok Ma 4 ||	Shalok, Fourth Mehl:	

56426	1318	ਗੁਰਮੁਖਿ ਮਿਲੇ ਸਿ ਸਜਣਾ ਹਰਿ ਪ੍ਰਭ ਪਾਇਆ ਰੰਗੁ॥		Guramukh Milae S Sajanaa Har Prabh Paaeiaa Rang ||	Those Gurmukhs who meet as friends are blessed with the Lord God's Love.	ਜਿਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ (ਪ੍ਰਭੂ ਦੀ ਯਾਦ ਵਿਚ) ਜੁੜੇ ਰਹਿੰਦੇ ਹਨ (ਤੇ ਇਸ ਤਰ੍ਹਾਂ ਜਿਨ੍ਹਾਂ ਨੇ) ਪਰਮਾਤਮਾ ਦਾ ਪ੍ਰੇਮ ਹਾਸਲ ਕਰ ਲਿਆ, ਉਹ ਚੰਗੇ ਜੀਵਨ ਵਾਲੇ ਬਣ ਜਾਂਦੇ ਹਨ।
56427	1318	ਜਨ ਨਾਨਕ ਨਾਮੁ ਸਲਾਹਿ ਤੂ ਲੁਡਿ ਲੁਡਿ ਦਰਗਹਿ ਵੰਞੂ॥੧॥	(ਲੁੱਡਿ) ਅਨੰਦੋ (ਲੁੱਡਿ) ਅਨੰਦ ਚ ਝੂਟੇ ਲੈਂਦਿਆਂ (ਵੰਞੂ) ਜਾਣਾ ਕਰ	Jan Naanak Naam Salaahi Thoo Ludd Ludd Dharagehi Vannj ||1||	O servant Nanak, praise the Naam, the Name of the Lord; you shall go to His court in joyous high spirits. ||1||	ਹੇ ਦਾਸ ਨਾਨਕ! ਤੂੰ ਭੀ ਪ੍ਰਭੂ ਦੀ ਸਿਫ਼ਤ-ਸਾਲਾਹ (ਸਦਾ) ਕਰਦਾ ਰਹੁ, ਪਰਮਾਤਮਾ ਦੀ ਹਜ਼ੂਰੀ ਵਿਚ ਬੇ-ਫ਼ਿਕਰ ਹੋ ਕੇ ਜਾਇੰਗਾ ॥੧॥
56428	1318	ਮਃ ੪॥		Ma 4 ||	Fourth Mehl:	
56429	1318	ਹਰਿ ਤੂਹੈ ਦਾਤਾ ਸਭਸ ਦਾ ਸਭਿ ਜੀਅ ਤੁਮ੍ਹਾਰੇ॥		Har Thoohai Dhaathaa Sabhas Dhaa Sabh Jeea Thumhaarae ||	Lord, You are the Great Giver of all; all beings are Yours.	ਹੇ ਪ੍ਰਭੂ! ਤੂੰ ਹੀ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈਂ, ਸਾਰੇ ਜੀਵ ਤੇਰੇ ਹੀ (ਪੈਦਾ ਕੀਤੇ ਹੋਏ) ਹਨ।
56430	1318	ਸਭਿ ਤੁਧੈ ਨੋ ਆਰਾਧਦੇ ਦਾਨੁ ਦੇਹਿ ਪਿਆਰੇ॥		Sabh Thudhhai No Aaraadhhadhae Dhaan Dhaehi Piaarae ||	They all worship You in adoration; You bless them with Your Bounty, O Beloved.	ਸਾਰੇ ਜੀਵ (ਦੁਨੀਆ ਦੇ ਪਦਾਰਥਾਂ ਵਾਸਤੇ) ਤੈਨੂੰ ਹੀ ਯਾਦ ਕਰਦੇ ਹਨ, ਤੇ ਹੇ ਪਿਆਰੇ! ਤੂੰ (ਸਭ ਨੂੰ) ਦਾਨ ਦੇਂਦਾ ਹੈਂ।

56431	1318	ਹਰਿ ਦਾਤੈ ਦਾਤਾਰਿ ਹਥੁ ਕਢਿਆ ਮੀਹੁ ਵੁਠਾ ਸੈਸਾਰੇ॥		Har Dhaathai Dhaathaar Hathh Kadtiaa Meehu Vuthaa Saisaarae ||	The Generous Lord, the Great Giver reaches out with His Hands, and the rain pours down on the world.	ਹਰਿ ਦਾਤੇ ਨੇ ਹਰਿ ਦਾਤਾਰ ਨੇ (ਜਦੋਂ ਆਪਣੀ ਮਿਹਰ ਦਾ) ਹੱਥ ਕੱਢਿਆ ਤਦੋਂ ਜਗਤ ਵਿਚ (ਗੁਰੂ ਦੇ ਉਪਦੇਸ਼ ਦਾ) ਮੀਂਹ ਵੱਸਿਆ।
56432	1318	ਅੰਨੁ ਜੰਮਿਆ ਖੇਤੀ ਭਾਉ ਕਰਿ ਹਰਿ ਨਾਮੁ ਸਮ੍ਹਾਰੇ॥		Ann Janmiaa Khaethee Bhaao Kar Har Naam Samhaarae ||	The corn germinates in the fields; contemplate the Lord's Name with love.	(ਜਿਹੜਾ ਮਨੁੱਖ ਗੁਰੂ ਦੀ ਸਰਨ ਆਉਂਦਾ ਹੈ) ਪ੍ਰੇਮ (-ਰੂਪ) ਵਾਹੀ ਕਰਨ ਨਾਲ (ਉਸ ਦੇ ਅੰਦਰ ਪਰਮਾਤਮਾ ਦਾ ਨਾਮ-) ਫ਼ਸਲ ਉੱਗ ਪੈਂਦਾ ਹੈ, (ਉਹ ਹਰ ਵੇਲੇ) ਪਰਮਾਤਮਾ ਦਾ ਨਾਮ (ਹਿਰਦੇ ਵਿਚ) ਵਸਾਂਦਾ ਹੈ।
56433	1318	ਜਨੁ ਨਾਨਕੁ ਮੰਗੈ ਦਾਨੁ ਪ੍ਰਭ ਹਰਿ ਨਾਮੁ ਅਧਾਰੇ॥੨॥		Jan Naanak Mangai Dhaan Prabh Har Naam Adhhaarae ||2||	Servant Nanak begs for the Gift of the Support of the Name of his Lord God. ||2||	ਹੇ ਪ੍ਰਭੂ! (ਤੇਰਾ) ਦਾਸ ਨਾਨਕ (ਭੀ ਤੇਰੇ ਨਾਮ ਦਾ) ਖੈਰ (ਤੈਥੋਂ) ਮੰਗਦਾ ਹੈ, ਤੇਰਾ ਨਾਮ (ਦਾਸ ਨਾਨਕ ਦੀ ਜ਼ਿੰਦਗੀ ਦਾ) ਆਸਰਾ (ਬਣਿਆ ਰਹੇ) ॥੨॥
56434	1318	ਪਉੜੀ॥		Pourree ||	Pauree:	
56435	1318	ਇਛਾ ਮਨ ਕੀ ਪੂਰੀਐ ਜਪੀਐ ਸੁਖਸਾਗਰੁ॥		Eishhaa Man Kee Pooreeai Japeeai Sukh Saagar ||	The desires of the mind are satisfied, meditating on the Ocean of Peace.	ਸੁਖਾਂ ਦੇ ਸਮੁੰਦਰ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ, (ਸਿਮਰਨ-ਆਰਾਧਨ ਦੀ ਬਰਕਤਿ ਨਾਲ) ਮਨ ਦੀ (ਹਰੇਕ) ਇੱਛਾ ਪੂਰੀ ਹੋ ਜਾਂਦੀ ਹੈ (ਮਨ ਦੀਆਂ ਵਾਸਨਾਂ ਮੁੱਕ ਜਾਂਦੀਆਂ ਹਨ)।

56436	1318	ਹਰਿ ਕੇ ਚਰਨ ਅਰਾਧੀਅਹਿ ਗੁਰ ਸਬਦਿ ਰਤਨਾਗਰੁ॥		Har Kae Charan Araadhheeahi Gur Sabadh Rathanaagar ||	Worship and adore the Feet of the Lord, through the Word of the Guru's Shabad, the jewel mine.	ਗੁਰੂ ਦੇ ਸ਼ਬਦ ਦੀ ਰਾਹੀਂ ਰਤਨਾਂ ਦੀ ਖਾਣ ਪ੍ਰਭੂ ਦਾ, ਪ੍ਰਭੂ ਦੇ ਚਰਨਾਂ ਦਾ ਆਰਾਧਨ ਕਰਨਾ ਚਾਹੀਦਾ ਹੈ।
56437	1318	ਮਿਲਿ ਸਾਧੂਸੰਗਿ ਉਧਾਰੁ ਹੋਇ ਫਾਟੈ ਜਮ ਕਾਗਰੁ॥		Mil Saadhhoo Sang Oudhhaar Hoe Faattai Jam Kaagar ||	Joining the Saadh Sangat, the Company of the Holy, one is saved, and the Decree of Death is torn up.	ਗੁਰੂ ਦੀ ਸੰਗਤ ਵਿਚ ਮਿਲ ਕੇ (ਨਾਮ ਜਪਿਆਂ ਸੰਸਾਰ-ਸਮੁੰਦਰ ਤੋਂ) ਪਾਰ-ਉਤਾਰਾ ਹੋ ਜਾਂਦਾ ਹੈ, ਜਮਰਾਜ ਦਾ (ਲੇਖੇ ਵਾਲਾ) ਕਾਗਜ਼ ਪਾਟ ਜਾਂਦਾ ਹੈ।
56438	1318	ਜਨਮ ਪਦਾਰਥੁ ਜੀਤੀਐ ਜਪਿ ਹਰਿ ਬੈਰਾਗਰੁ॥		Janam Padhaarathh Jeetheeai Jap Har Bairaagar ||	The treasure of this human life is won, meditating on the Lord of Detachment.	ਪਿਆਰ ਦੇ ਸੋਮੇ ਪਰਮਾਤਮਾ ਦਾ ਨਾਮ ਜਪ ਕੇ ਕੀਮਤੀ ਮਨੁੱਖਾ ਜਨਮ ਦੀ ਬਾਜ਼ੀ ਜਿੱਤ ਲਈਦੀ ਹੈ।
56439	1318	ਸਭਿ ਪਵਹੁ ਸਰਨਿ ਸਤਿਗੁਰੂ ਕੀ ਬਿਨਸੈ ਦੁਖ ਦਾਗਰੁ॥੧੪॥		Sabh Pavahu Saran Sathiguroo Kee Binasai Dhukh Dhaagar ||14||	Let everyone seek the Sanctuary of the True Guru; let the black spot of pain, the scar of suffering, be erased. ||14||	ਸਾਰੇ ਗੁਰੂ ਦੀ ਸਰਨ ਪਏ ਰਹੋ (ਗੁਰੂ ਦੀ ਸਰਨ ਪੈ ਕੇ ਨਾਮ ਜਪਿਆਂ ਮਨ ਵਿਚੋਂ) ਦੁੱਖਾਂ ਦਾ ਨਿਸ਼ਾਨ ਹੀ ਮਿਟ ਜਾਂਦਾ ਹੈ ॥੧੪॥
56440	1318	ਸਲੋਕ ਮਃ ੪॥		Salok Ma 4 ||	Shalok, Fourth Mehl:	

56441	1318	ਹਉ ਢੂੰਢੇਂਦੀ ਸਜਣਾ ਸਜਣੁ ਮੈਡੈ ਨਾਲਿ॥		Ho Dtoondtaenadhee Sajanaa Sajan Maiddai Naal ||	I was seeking, searching for my Friend, but my Friend is right here with me.	(ਹੇ ਸਹੇਲੀਏ!) ਮੈਂ ਸੱਜਣ (ਪ੍ਰਭੂ) ਨੂੰ (ਬਾਹਰ) ਢੂੰਢ ਰਹੀ ਸਾਂ (ਪਰ ਗੁਰੂ ਤੋਂ ਸਮਝ ਆਈ ਹੈ ਕਿ ਉਹ) ਸੱਜਣ (ਪ੍ਰਭੂ ਤਾਂ) ਮੇਰੇ ਨਾਲ ਹੀ ਹੈ (ਮੇਰੇ ਅੰਦਰ ਹੀ ਵੱਸਦਾ ਹੈ)।
56442	1318	ਜਨ ਨਾਨਕ ਅਲਖੁ ਨ ਲਖੀਐ ਗੁਰਮੁਖਿ ਦੇਹਿ ਦਿਖਾਲਿ॥੧॥		Jan Naanak Alakh N Lakheeai Guramukh Dhaehi Dhikhaal ||1||	O servant Nanak, the Unseen is not seen, but the Gurmukh is given to see Him. ||1||	ਹੇ ਦਾਸ ਨਾਨਕ! ਉਹ ਪ੍ਰਭੂ ਅਲੱਖ ਹੈ ਉਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ। ਗੁਰੂ ਦੇ ਸਨਮੁਖ ਰਹਿਣ ਵਾਲੇ (ਸੰਤ ਜਨ ਉਸ ਦਾ) ਦਰਸਨ ਕਰਾ ਦੇਂਦੇ ਹਨ ॥੧॥
56443	1318	ਮਃ ੪॥		Ma 4 ||	Fourth Mehl:	
56444	1318	ਨਾਨਕ ਪ੍ਰੀਤਿ ਲਾਈ ਤਿਨਿ ਸਚੈ ਤਿਸੁ ਬਿਨੁ ਰਹਣੁ ਨ ਜਾਈ॥		Naanak Preeth Laaee Thin Sachai This Bin Rehan N Jaaee ||	O Nanak, I am in love with the True Lord; I cannot survive without Him.	ਹੇ ਨਾਨਕ! (ਆਖ ਕਿ ਜਿਸ ਮਨੁੱਖ ਦੇ ਅੰਦਰ) ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੇ (ਆਪਣਾ) ਪਿਆਰ (ਆਪ ਹੀ) ਪੈਦਾ ਕੀਤਾ ਹੈ (ਉਹ ਮਨੁੱਖ) ਉਸ (ਦੀ ਯਾਦ) ਤੋਂ ਬਿਨਾ ਰਹਿ ਨਹੀਂ ਸਕਦਾ।
56445	1318	ਸਤਿਗੁਰੁ ਮਿਲੈ ਤ ਪੂਰਾ ਪਾਈਐ ਹਰਿ ਰਸਿ ਰਸਨ ਰਸਾਈ॥੨॥		Sathigur Milai Th Pooraa Paaeeai Har Ras Rasan Rasaaee ||2||	Meeting the True Guru, the Perfect Lord is found, and the tongue savors His Sublime Essence. ||2||	(ਜਿਸ ਗੁਰੂ ਦੀ) ਜੀਭ ਪਰਮਾਤਮਾ ਦੇ ਨਾਮ-ਰਸ ਵਿਚ ਸਦਾ ਰਸੀ ਰਹਿੰਦੀ ਹੈ (ਜਦੋਂ ਉਹ) ਗੁਰੂ ਮਿਲਦਾ ਹੈ ਤਦੋਂ ਉਹ ਪੂਰਨ ਪ੍ਰਭੂ ਭੀ ਮਿਲ ਪੈਂਦਾ ਹੈ ॥੨॥

56446	1318	ਪਉੜੀ॥		Pourree ||	Pauree:	
56447	1318	ਕੋਈ ਗਾਵੈ ਕੋ ਸੁਣੈ ਕੋ ਉਚਰਿ ਸੁਨਾਵੈ॥		Koee Gaavai Ko Sunai Ko Ouchar Sunaavai ||	Some sing, some listen, and some speek and preach.	ਜਿਹੜਾ ਕੋਈ ਮਨੁੱਖ (ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ) ਗਾਂਦਾ ਹੈ ਜਾਂ ਸੁਣਦਾ ਹੈ ਜਾਂ ਬੋਲ ਕੇ (ਹੋਰਨਾਂ ਨੂੰ) ਸੁਣਾਂਦਾ ਹੈ,
56448	1318	ਜਨਮ ਜਨਮ ਕੀ ਮਲੁ ਉਤਰੈ ਮਨ ਚਿੰਦਿਆ ਪਾਵੈ॥		Janam Janam Kee Mal Outharai Man Chindhiaa Paavai ||	The filth and pollution of countless lifetimes is washed away, and the wishes of the mind are fulfilled.	ਉਸ ਦੀ ਅਨੇਕਾਂ ਜਨਮਾਂ ਦੀ (ਵਿਕਾਰਾਂ ਦੀ) ਮੈਲ ਲਹਿ ਜਾਂਦੀ ਹੈ ਉਹ ਮਨ-ਇੱਛਤ ਫਲ ਪਾ ਲੈਂਦਾ ਹੈ।
56449	1318	ਆਵਣੁ ਜਾਣਾ ਮੇਟੀਐ ਹਰਿ ਕੇ ਗੁਣ ਗਾਵੈ॥		Aavan Jaanaa Maetteeai Har Kae Gun Gaavai ||	Coming and going in reincarnation ceases, singing the Glorious Praises of the Lord.	ਜਿਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ ਉਸ ਦਾ ਜੰਮਣ ਮਰਨ ਦਾ ਗੇੜ ਮੁੱਕ ਜਾਂਦਾ ਹੈ।
56450	1318	ਆਪਿ ਤਰਹਿ ਸੰਗੀ ਤਰਾਹਿ ਸਭ ਕੁਟੰਬੁ ਤਰਾਵੈ॥		Aap Tharehi Sangee Tharaahi Sabh Kuttanb Tharaavai ||	They save themselves, and save their companions; they save all their generations as well.	(ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ ਗੀਤ ਗਾਣ ਵਾਲੇ ਮਨੁੱਖ) ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ, ਸਾਥੀਆਂ ਨੂੰ ਪਾਰ ਲੰਘਾ ਲੈਂਦੇ ਹਨ। (ਸਿਫ਼ਤ-ਸਾਲਾਹ ਕਰਨ ਵਾਲਾ ਮਨੁੱਖ ਆਪਣੇ) ਸਾਰੇ ਪਰਵਾਰ ਨੂੰ ਪਾਰ ਲੰਘਾ ਲੈਂਦਾ ਹੈ।

56451	1318	ਜਨੁ ਨਾਨਕੁ ਤਿਸੁ ਬਲਿਹਾਰਣੈ ਜੋ ਮੇਰੇ ਹਰਿ ਪ੍ਰਭ ਭਾਵੈ॥੧੫॥੧॥ ਸੁਧੁ॥		Jan Naanak This Balihaaranai Jo Maerae Har Prabh Bhaavai ||15||1|| Sudhh ||	Servant Nanak is a sacrifice to those who are pleasing to my Lord God. ||15||1|| Sudh||	ਦਾਸ ਨਾਨਕ ਉਸ ਮਨੁੱਖ ਤੋਂ ਸਦਕੇ ਜਾਂਦਾ ਹੈ ਜਿਹੜਾ (ਸਿਫ਼ਤ-ਸਾਲਾਹ ਕਰਨ ਦੀ ਬਰਕਤਿ ਨਾਲ) ਪਿਆਰੇ ਪ੍ਰਭੂ ਨੂੰ ਪਿਆਰਾ ਲੱਗਦਾ ਹੈ ॥੧੫॥੧॥ਸੁਧੁ ॥
56452	1318	ਰਾਗੁ ਕਾਨੜਾ ਬਾਣੀ ਨਾਮਦੇਵ ਜੀਉ ਕੀ		Raag Kaanarraa Baanee Naamadhaev Jeeo Kee	Raag Kaanraa, The Word Of Naam Dayv Jee:	ਰਾਗ ਕਾਨੜਾ ਵਿੱਚ ਭਗਤ ਨਾਮਦੇਵ ਜੀ ਦੀ ਬਾਣੀ।
56453	1318	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
56454	1318	ਐਸੋ ਰਾਮਰਾਇ ਅੰਤਰਜਾਮੀ॥		Aiso Raam Raae Antharajaamee ||	Such is the Sovereign Lord, the Inner-knower, the Searcher of Hearts;	ਸੁੱਧ-ਸਰੂਪ ਪਰਮਾਤਮਾ ਐਸਾ ਹੈ ਕਿ ਉਹ ਹਰੇਕ ਜੀਵ ਦੇ ਅੰਦਰ ਬੈਠਾ ਹੋਇਆ ਹੈ,

56455	1318	ਜੈਸੇ ਦਰਪਨ ਮਾਹਿ ਬਦਨ ਪਰਵਾਨੀ॥੧॥ਰਹਾਉ ॥	(ਦਰਪਨ) ਸ਼ੀਸ਼ੇ, ਪਰਵਾਨੀ ਪ੍ਰਮਾਣਨੀਕ, ਪ੍ਰਤਿਬਿੰਬ ਛੱਡ ਕੇ ਬਿੰਬੀ ਦੇਖਣਾ। ਸ਼ੀਸ਼ਾ ਦੇਖ ਕੇ ਇਹ ਨਹੀਂ ਕਹਿੰਦਾ ਕਿ ਸ਼ੀਸ਼ੇ ਚ ਮੇਰਾ ਪਰਛਾਵਾਂ ਹੈ, ਇਹ ਮੈਂ ਹਾਂ, ਨਿਸਚੇ ਕਰਕੇ ਖ਼ੁਸ਼ ਹੁੰਦਾ ਹੈ। ਜਿਵੇਂ (ਦਰਪਨ) ਸ਼ੀਸ਼ੇ ਚ ਆਪਣਾ ਆਪ ਪਰਵਾਨੀ ਨਿਸਚੇ ਕਰਦਾ ਹੈ ਇਉਂ ਸਭ ਚ ਬ੍ਰਹਮ ਜੀ ਹੀ ਨਿਸਚੇ ਕਰਨੇ ਹਨ	Jaisae Dharapan Maahi Badhan Paravaanee ||1|| Rehaao ||	He sees everything as clearly as one's face reflected in a mirror. ||1||Pause||	(ਪਰ ਹਰੇਕ ਦੇ ਅੰਦਰ ਵੱਸਦਾ ਭੀ ਇਉਂ) ਪ੍ਰਤੱਖ (ਨਿਰਲੇਪ ਰਹਿੰਦਾ ਹੈ) ਜਿਵੇਂ ਸ਼ੀਸ਼ੇ ਵਿਚ (ਸ਼ੀਸ਼ਾ ਵੇਖਣ ਵਾਲੇ ਦਾ) ਮੂੰਹ ॥੧॥ ਰਹਾਉ ॥
56456	1318	ਬਸੈ ਘਟਾ ਘਟ ਲੀਪ ਨ ਛੀਪੈ॥	ਪਾਪ ਪੁੰਨ ਚ (ਲੀਪ) ਲਿਪਾਇਮਾਨ ਨਹੀਂ ਹੁੰਦੇ। (ਛੀਪੈ) ਛਿਪਦੇ ਨਹੀਂ। ਨ: ਦੇਲ੍ਹੀ ਦੀਵਾ ਹੈ, ਅਰਥ ਕਰਨ ਵੇਲੇ ਅਗੇ ਪਿੱਛੇ ਦੋਨੋ ਪਾਸੇ ਲੱਗਦਾ ਹੈ; ਲੀਪ ਨ, ਨ ਛੀਪੈ	Basai Ghattaa Ghatt Leep N Shheepai ||	He dwells in each and every heart; no stain or stigma sticks to Him.	ਉਹ ਸੁੱਧ-ਸਰੂਪ ਹਰੇਕ ਘਟ ਵਿਚ ਵੱਸਦਾ ਹੈ, ਪਰ ਉਸ ਉੱਤੇ ਮਾਇਆ ਦਾ ਪ੍ਰਭਾਵ ਨਹੀਂ ਪੈਂਦਾ, ਉਸ ਨੂੰ ਮਾਇਆ ਦਾ ਦਾਗ਼ ਨਹੀਂ ਲੱਗਦਾ,
56457	1318	ਬੰਧਨ ਮੁਕਤਾ ਜਾਤੁ ਨ ਦੀਸੈ॥੧॥		Bandhhan Mukathaa Jaath N Dheesai ||1||	He is liberated from bondage; He does not belong to any social class. ||1||	ਉਹ (ਸਦਾ ਮਾਇਆ ਦੇ) ਬੰਧਨਾਂ ਤੋਂ ਨਿਰਾਲਾ ਹੈ, ਕਦੇ ਭੀ ਉਹ (ਬੰਧਨਾਂ ਵਿਚ ਫਸਿਆ) ਨਹੀਂ ਦਿੱਸਦਾ ॥੧॥

56458	1318	ਪਾਨੀ ਮਾਹਿ ਦੇਖੁ ਮੁਖੁ ਜੈਸਾ॥	ਪਾਨੀ: ਪੋਲਾ ਬੋਲੋ	Paanee Maahi Dhaekh Mukh Jaisaa ||	As one's face is reflected in the water,	ਤੁਸੀਂ ਜਿਵੇਂ ਪਾਣੀ ਵਿਚ (ਆਪਣਾ) ਮੂੰਹ ਵੇਖਦੇ ਹੋ, (ਮੂੰਹ ਪਾਣੀ ਵਿਚ ਟਿਕਿਆ ਦਿੱਸਦਾ ਹੈ, ਪਰ ਉਸ ਉੱਤੇ ਪਾਣੀ ਦਾ ਕੋਈ ਅਸਰ ਨਹੀਂ ਹੁੰਦਾ),
56459	1318	ਨਾਮੇ ਕੋ ਸੁਆਮੀ ਬੀਠਲੁ ਐਸਾ॥੨॥੧॥		Naamae Ko Suaamee Beethal Aisaa ||2||1||	So does Naam Dayv's Beloved Lord and Master appear. ||2||1||	ਇਸੇ ਤਰ੍ਹਾਂ ਹੈ ਨਾਮੇ ਦਾ ਮਾਲਕ (ਜਿਸ ਨੂੰ ਨਾਮਾ) ਬੀਠਲ (ਆਖਦਾ) ਹੈ ॥੨॥੧॥
56460	1319	ਰਾਗੁ ਕਲਿਆਨ ਮਹਲਾ ੪		Raag Kaliaan Mehalaa 4	Raag Kalyaan, Fourth Mehl:	ਰਾਗ ਕਲਿਆਨ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
56461	1319	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sathinaam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
56462	1319	ਰਾਮਾ ਰਮ ਰਾਮੈ ਅੰਤੁ ਨ ਪਾਇਆ॥		Raamaa Ram Raamai Anth N Paaeiaa ||	The Lord, the Beauteous Lord - no one has found His limits.	ਸਰਬ-ਵਿਆਪਕ ਪਰਮਾਤਮਾ (ਦੇ ਗੁਣਾਂ) ਦਾ ਅੰਤ (ਕਿਸੇ ਜੀਵ ਪਾਸੋ) ਨਹੀਂ ਪਾਇਆ ਜਾ ਸਕਦਾ।

56463	1319	ਹਮ ਬਾਰਿਕ ਪ੍ਰਤਿਪਾਰੇ ਤੁਮਰੇ ਤੂ ਬਡ ਪੁਰਖੁ ਪਿਤਾ ਮੇਰਾ ਮਾਇਆ॥੧॥ਰਹਾਉ ॥		Ham Baarik Prathipaarae Thumarae Thoo Badd Purakh Pithaa Maeraa Maaeiaa ||1|| Rehaao ||	I am a child - You cherish and sustain me. You are the Great Primal Being, my Mother and Father. ||1||Pause||	ਹੇ ਪ੍ਰਭੂ! ਅਸੀਂ ਜੀਵ ਤੇਰੇ ਬੱਚੇ ਹਾਂ, ਤੇਰੇ ਪਾਲੇ ਹੋਏ ਹਾਂ, ਤੂੰ ਸਭ ਤੋਂ ਵੱਡਾ ਪੁਰਖ ਹੈਂ, ਤੂੰ ਸਾਡਾ ਪਿਤਾ ਹੈਂ, ਤੂੰ ਹੀ ਸਾਡੀ ਮਾਂ ਹੈਂ ॥੧॥ ਰਹਾਉ ॥
56464	1319	ਹਰਿ ਕੇ ਨਾਮ ਅਸੰਖ ਅਗਮ ਹਹਿ ਅਗਮ ਅਗਮ ਹਰਿ ਰਾਇਆ॥		Har Kae Naam Asankh Agam Hehi Agam Agam Har Raaeiaa ||	The Names of the Lord are Countless and Unfathomable. My Sovereign Lord is Unfathomable and Incomprehensible.	ਪ੍ਰਭੂ-ਪਾਤਿਸ਼ਾਹ ਦੇ ਨਾਮ ਅਣਗਿਣਤ ਹਨ (ਪ੍ਰਭੂ ਦੇ ਨਾਮਾਂ ਦੀ ਗਿਣਤੀ ਤਕ) ਪਹੁੰਚ ਨਹੀਂ ਹੋ ਸਕਦੀ, ਕਦੇ ਭੀ ਪਹੁੰਚ ਨਹੀਂ ਹੋ ਸਕਦੀ।
56465	1319	ਗੁਣੀ ਗਿਆਨੀ ਸੁਰਤਿ ਬਹੁ ਕੀਨੀ ਇਕੁ ਤਿਲੁ ਨਹੀ ਕੀਮਤਿ ਪਾਯਾ॥੧॥	ਪਾ-ਯਾ: ਯ ਤਾਲੂ ਤੋਂ ਬੋਲੋ	Gunee Giaanee Surath Bahu Keenee Eik Thil Nehee Keemath Paaeiaa ||1||	The virtuous and the spiritual teachers have given it great thought, but they have not found even an iota of His Value. ||1||	ਅਨੇਕਾਂ ਗੁਣਵਾਨ ਮਨੁੱਖ ਅਨੇਕਾਂ ਵਿਚਾਰਵਾਨ ਮਨੁੱਖ ਬਹੁਤ ਸੋਚ-ਵਿਚਾਰ ਕਰਦੇ ਆਏ ਹਨ, ਪਰ ਕੋਈ ਭੀ ਮਨੁੱਖ ਪਰਮਾਤਮਾ ਦੀ ਵਡਿਆਈ ਦਾ ਰਤਾ ਭਰ ਭੀ ਮੁੱਲ ਨਹੀਂ ਪਾ ਸਕਿਆ ॥੧॥

56466	1319	ਗੋਬਿਦ ਗੁਣ ਗੋਬਿਦ ਸਦ ਗਾਵਹਿ ਗੁਣ ਗੋਬਿਦ ਅੰਤੁ ਨ ਪਾਇਆ॥		Gobidh Gun Gobidh Sadh Gaavehi Gun Gobidh Anth N Paaeiaa ||	They sing the Glorious Praises of the Lord, the Lord of the Universe forever. They sing the Glorious Praises of the Lord of the Universe, but they do not find His limits.	(ਅਨੇਕਾਂ ਹੀ ਜੀਵ) ਪਰਮਾਤਮਾ ਦੇ ਗੁਣ ਸਦਾ ਗਾਂਦੇ ਹਨ, ਪਰ ਪਰਮਾਤਮਾ ਦੇ ਗੁਣਾਂ ਦਾ ਅੰਤ ਕਿਸੇ ਨੇ ਭੀ ਨਹੀਂ ਲੱਭਾ।
56467	1319	ਤੂ ਅਮਿਤਿ ਅਤੋਲੁ ਅਪਰੰਪਰ ਸੁਆਮੀ ਬਹੁ ਜਪੀਐ ਥਾਹ ਨ ਪਾਇਆ॥੨॥	ਅ-ਮਿਤਿ: ਪੋਲਾ ਬੋਲੋ।ਅਪ-ਰੰਪਰ	Thoo Amith Athol Aparanpar Suaamee Bahu Japeeai Thhaah N Paaeiaa ||2||	You are Immeasurable, Unweighable, and Infinite, O Lord and Master; no matter how much one may meditate on You, Your Depth cannot be fathomed. ||2||	ਹੇ ਪ੍ਰਭੂ! ਤੇਰੀ ਹਸਤੀ ਨੂੰ ਮਿਣਿਆ ਨਹੀਂ ਜਾ ਸਕਦਾ, ਤੇਰੀ ਹਸਤੀ ਨੂੰ ਤੋਲਿਆ ਨਹੀਂ ਜਾ ਸਕਦਾ। ਹੇ ਮਾਲਕ-ਪ੍ਰਭੂ! ਤੂੰ ਪਰੇ ਤੋਂ ਪਰੇ ਹੈਂ। ਤੇਰਾ ਨਾਮ ਬਹੁਤ ਜਪਿਆ ਜਾ ਰਿਹਾ ਹੈ, (ਪਰ ਤੂੰ ਇਕ ਐਸਾ ਸਮੁੰਦਰ ਹੈਂ ਕਿ ਉਸ ਦੀ) ਡੂੰਘਾਈ ਨਹੀਂ ਲੱਭੀ ਜਾ ਸਕਦੀ ॥੨॥
56468	1319	ਉਸਤਤਿ ਕਰਹਿ ਤੁਮਰੀ ਜਨ ਮਾਧੌ ਗੁਨ ਗਾਵਹਿ ਹਰਿ ਰਾਇਆ॥		Ousathath Karehi Thumaree Jan Maadhha Gun Gaavehi Har Raaeiaa ||	Lord, Your humble servants praise You, singing Your Glorious Praises, O Sovereign Lord.	ਹੇ ਮਾਇਆ ਦੇ ਪਤੀ ਪ੍ਰਭੂ! ਹੇ ਪ੍ਰਭੂ-ਪਾਤਿਸ਼ਾਹ! ਤੇਰੇ ਸੇਵਕ ਤੇਰੀ ਸਿਫ਼ਤ-ਸਾਲਾਹ ਕਰਦੇ ਰਹਿੰਦੇ ਹਨ, ਤੇਰੇ ਗੁਣ ਗਾਂਦੇ ਰਹਿੰਦੇ ਹਨ।

56469	1319	ਤੁਮ੍ ਜਲਨਿਧਿ ਹਮ ਮੀਨੇ ਤੁਮਰੇ ਤੇਰਾ ਅੰਤੁ ਨ ਕਤਹੂ ਪਾਇਆ॥੩॥		Thumh Jal Nidhh Ham Meenae Thumarae Thaeraa Anth N Kathehoo Paaeiaa ||3||	You are the ocean of water, and I am Your fish. No one has ever found Your limits. ||3||	ਹੇ ਪ੍ਰਭੂ! ਤੂੰ (ਮਾਨੋ, ਇਕ) ਸਮੁੰਦਰ ਹੈਂ, ਅਸੀਂ ਜੀਵ ਤੇਰੀਆਂ ਮੱਛੀਆਂ ਹਾਂ (ਮੱਛੀ ਨਦੀ ਵਿਚ ਤਾਰੀਆਂ ਤਾਂ ਲਾਂਦੀ ਹੈ, ਪਰ ਨਦੀ ਦੀ ਹਸਤੀ ਦਾ ਅੰਦਾਜ਼ਾ ਨਹੀਂ ਲਾ ਸਕਦੀ)। ਹੇ ਪ੍ਰਭੂ! ਕਿਤੇ ਭੀ ਕੋਈ ਜੀਵ ਤੇਰੀ ਹਸਤੀ ਦਾ ਅੰਤ ਨਹੀਂ ਪਾ ਸਕਿਆ ॥੩॥
56470	1319	ਜਨ ਕਉ ਕ੍ਰਿਪਾ ਕਰਹੁ ਮਧਸੂਦਨ ਹਰਿ ਦੇਵਹੁ ਨਾਮੁ ਜਪਾਇਆ॥		Jan Ko Kirapaa Karahu Madhhasoodhan Har Dhaevahu Naam Japaaeiaa ||	Please be Kind to Your humble servant, Lord; please bless me with the meditation of Your Name.	ਹੇ ਦੈਂਤ-ਦਮਨ ਪ੍ਰਭੂ! (ਆਪਣੇ) ਸੇਵਕ (ਨਾਨਕ) ਉੱਤੇ ਮਿਹਰ ਕਰ। ਹੇ ਹਰੀ! (ਮੈਨੂੰ ਆਪਣਾ) ਨਾਮ ਦੇਹ (ਮੈਂ ਨਿਤ) ਜਪਦਾ ਰਹਾਂ।
56471	1319	ਮੈ ਮੂਰਖ ਅੰਧੁਲੇ ਨਾਮੁ ਟੇਕ ਹੈ ਜਨ ਨਾਨਕ ਗੁਰਮੁਖਿ ਪਾਇਆ॥੪॥੧॥		Mai Moorakh Andhhulae Naam Ttaek Hai Jan Naanak Guramukh Paaeiaa ||4||1||	I am a blind fool; Your Name is my only Support. Servant Nanak, as Gurmukh, has found it. ||4||1||	ਮੈਂ ਮੂਰਖ ਵਾਸਤੇ ਮੈਂ ਅੰਨ੍ਹੇ ਵਾਸਤੇ (ਤੇਰਾ) ਨਾਮ ਸਹਾਰਾ ਹੈ। ਹੇ ਦਾਸ ਨਾਨਕ! ਗੁਰੂ ਦੀ ਸਰਨ ਪਿਆਂ ਹੀ (ਪਰਮਾਤਮਾ ਦਾ ਨਾਮ) ਪ੍ਰਾਪਤ ਹੁੰਦਾ ਹੈ ॥੪॥੧॥
56472	1319	ਕਲਿਆਨੁ ਮਹਲਾ ੪॥		Kaliaan Mehalaa 4 ||	Kalyaan, Fourth Mehl:	
56473	1319	ਹਰਿ ਜਨੁ ਗੁਨ ਗਾਵਤ ਹਸਿਆ॥	ਹੱਸਿਆ	Har Jan Gun Gaavath Hasiaa ||	The humble servant of the Lord sings the Lord's Praise, and blossoms forth.	ਪਰਮਾਤਮਾ ਦਾ ਭਗਤ ਪਰਮਾਤਮਾ ਦੇ ਗੁਣ ਗਾਂਦਿਆਂ ਪ੍ਰਸੰਨ-ਚਿੱਤ ਰਹਿੰਦਾ ਹੈ,

56474	1319	ਹਰਿ ਹਰਿ ਭਗਤਿ ਬਨੀ ਮਤਿ ਗੁਰਮਤਿ ਧੁਰਿ ਮਸਤਕਿ ਪ੍ਰਭਿ ਲਿਖਿਆ॥੧॥ਰਹਾਉ ॥		Har Har Bhagath Banee Math Guramath Dhhur Masathak Prabh Likhiaa ||1|| Rehaao ||	My intellect is embellished with devotion to the Lord, Har, Har, through the Guru's Teachings. This is the destiny which God has recorded on my forehead. ||1||Pause||	ਗੁਰੂ ਦੀ ਮੱਤ ਉਤੇ ਤੁਰ ਕੇ ਪਰਮਾਤਮਾ ਦੀ ਭਗਤੀ ਉਸ ਨੂੰ ਪਿਆਰੀ ਲੱਗਦੀ ਹੈ। ਪ੍ਰਭੂ ਨੇ (ਹੀ) ਧੁਰ ਦਰਗਾਹ ਤੋਂ ਉਸ ਦੇ ਮੱਥੇ ਉੱਤੇ ਇਹ ਲੇਖ ਲਿਖਿਆ ਹੁੰਦਾ ਹੈ ॥੧॥ ਰਹਾਉ ॥
56475	1319	ਗੁਰ ਕੇ ਪਗ ਸਿਮਰਉ ਦਿਨੁ ਰਾਤੀ ਮਨਿ ਹਰਿ ਹਰਿ ਹਰਿ ਬਸਿਆ॥	ਪਗ: ਪੋਲਾ ਬੋਲੋ	Gur Kae Pag Simaro Dhin Raathee Man Har Har Har Basiaa ||	I meditate in remembrance on the Guru's Feet, day and night. The Lord, Har, Har, Har, comes to dwell in my mind.	ਮੈਂ ਦਿਨ ਰਾਤ ਗੁਰੂ ਦੇ ਚਰਨਾਂ ਦਾ ਧਿਆਨ ਧਰਦਾ ਹਾਂ, (ਗੁਰੂ ਦੀ ਕਿਰਪਾ ਨਾਲ ਹੀ) ਪਰਮਾਤਮਾ ਮੇਰੇ ਮਨ ਵਿਚ ਆ ਵੱਸਿਆ ਹੈ।
56476	1319	ਹਰਿ ਹਰਿ ਹਰਿ ਕੀਰਤਿ ਜਗਿ ਸਾਰੀ ਘਸਿ ਚੰਦਨੁ ਜਸੁ ਘਸਿਆ॥੧॥	ਘਸਿਆ: ਪੋਲਾ ਬੋਲੋ	Har Har Har Keerath Jag Saaree Ghas Chandhan Jas Ghasiaa ||1||	The Praise of the Lord, Har, Har, Har, is Excellent and Sublime in this world. His Praise is the sandalwood paste which I rub. ||1||	ਪਰਮਾਤਮਾ ਦੀ ਸਿਫ਼ਤ-ਸਾਲਾਹ ਜਗਤ ਵਿਚ (ਸਭ ਤੋਂ) ਸ੍ਰੇਸ਼ਟ (ਪਦਾਰਥ) ਹੈ, (ਜਿਵੇਂ) ਚੰਦਨ ਰਗੜ ਖਾ ਕੇ (ਸੁਗੰਧੀ ਦੇਂਦਾ ਹੈ, ਤਿਵੇਂ ਪਰਮਾਤਮਾ ਦਾ) ਜਸ (ਮਨੁੱਖ ਦੇ ਹਿਰਦੇ ਨਾਲ) ਰਗੜ ਖਾਂਦਾ ਹੈ (ਤੇ, ਨਾਮ ਦੀ ਸੁਗੰਧੀ ਖਿਲਾਰਦਾ ਹੈ) ॥੧॥

56477	1319	ਹਰਿ ਜਨ ਹਰਿ ਹਰਿ ਹਰਿ ਲਿਵ ਲਾਈ ਸਭਿ ਸਾਕਤ ਖੋਜਿ ਪਇਆ॥		Har Jan Har Har Har Liv Laaee Sabh Saakath Khoj Paeiaa ||	The humble servant of the Lord is lovingly attuned to the Lord, Har, Har, Har; all the faithless cynics pursue him.	ਪਰਮਾਤਮਾ ਦੇ ਭਗਤ ਸਦਾ ਪਰਮਾਤਮਾ ਵਿਚ ਸੁਰਤ ਜੋੜੀ ਰੱਖਦੇ ਹਨ, ਪਰ ਪਰਮਾਤਮਾ ਤੋਂ ਟੁੱਟੇ ਹੋਏ ਸਾਰੇ ਮਨੁੱਖ ਉਹਨਾਂ ਨਾਲ ਈਰਖਾ ਕਰਦੇ ਹਨ।
56478	1319	ਜਿਉ ਕਿਰਤ ਸੰਜੋਗਿ ਚਲਿਓ ਨਰ ਨਿੰਦਕੁ ਪਗੁ ਨਾਗਨਿ ਛੁਹਿ ਜਲਿਆ॥੨॥	ਚੱਲਿਓ	Jio Kirath Sanjog Chaliou Nar Nindhak Pag Naagan Shhuhi Jaliaa ||2||	The slanderous person acts in accordance with the record of his past deeds; his foot trips over the snake, and he is stung by its bite. ||2||	(ਪਰ ਸਾਕਤ ਮਨੁੱਖ ਦੇ ਭੀ ਕੀਹ ਵੱਸ?) ਜਿਵੇਂ ਜਿਵੇਂ ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦੇ ਅਸਰ ਹੇਠ ਨਿੰਦਕ ਮਨੁੱਖ (ਨਿੰਦਾ ਵਾਲੀ) ਜੀਵਨ ਤੋਰ ਤੁਰਦਾ ਹੈ (ਤਿਉਂ ਤਿਉਂ ਉਸ ਦਾ ਆਤਮਕ ਜੀਵਨ ਈਰਖਾ ਦੀ ਅੱਗ ਨਾਲ) ਛੁਹ ਕੇ ਸੜਦਾ ਜਾਂਦਾ ਹੈ (ਜਿਵੇਂ ਕਿਸੇ ਮਨੁੱਖ ਦਾ) ਪੈਰ ਸਪਣੀ ਨਾਲ ਛੁਹ ਕੇ (ਸਪਣੀ ਦੇ ਡੰਗ ਮਾਰਨ ਤੇ ਉਸ ਦੀ) ਮੌਤ ਹੋ ਜਾਂਦੀ ਹੈ ॥੨॥
56479	1319	ਜਨ ਕੇ ਤੁਮ੍ ਹਰਿ ਰਾਖੇ ਸੁਆਮੀ ਤੁਮ੍ ਜੁਗਿ ਜੁਗਿ ਜਨ ਰਖਿਆ॥		Jan Kae Thumh Har Raakhae Suaamee Thumh Jug Jug Jan Rakhiaa ||	O my Lord and Master, You are the Saving Grace, the Protector of Your humble servants. You protect them, age after age.	ਹੇ (ਮੇਰੇ) ਮਾਲਕ-ਪ੍ਰਭੂ! ਆਪਣੇ ਭਗਤਾਂ ਦੇ ਤੁਸੀਂ ਆਪ ਰਾਖੇ ਹੋ, ਹਰੇਕ ਜੁਗ ਵਿਚ ਤੁਸੀਂ (ਆਪਣੇ ਭਗਤਾਂ ਦੀ) ਰੱਖਿਆ ਕਰਦੇ ਆਏ ਹੋ।

56480	1319	ਕਹਾ ਭਇਆ ਦੈਤਿ ਕਰੀ ਬਖੀਲੀ ਸਭ ਕਰਿ ਕਰਿ ਝਰਿ ਪਰਿਆ॥੩॥		Kehaa Bhaeiaa Dhaith Karee Bakheelee Sabh Kar Kar Jhar Pariaa ||3||	What does it matter, if a demon speaks evil? By doing so, he only gets frustrated. ||3||	(ਹਰਨਾਖਸ) ਦੈਂਤ ਨੇ (ਭਗਤ ਪ੍ਰਹਿਲਾਦ ਨਾਲ) ਈਰਖਾ ਕੀਤੀ, ਪਰ (ਉਹ ਦੈਂਤ ਭਗਤ ਦਾ) ਕੁਝ ਵਿਗਾੜ ਨਾਹ ਸਕਿਆ। ਉਹ ਸਾਰੀ (ਦੈਂਤ-ਸਭਾ ਹੀ) ਈਰਖਾ ਕਰ ਕਰ ਕੇ ਆਪਣੀ ਆਤਮਕ ਮੌਤ ਸਹੇੜਦੀ ਗਈ ॥੩॥
56481	1319	ਜੇਤੇ ਜੀਅ ਜੰਤ ਪ੍ਰਭਿ ਕੀਏ ਸਭਿ ਕਾਲੈ ਮੁਖਿ ਗ੍ਰਸਿਆ॥		Jaethae Jeea Janth Prabh Keeeae Sabh Kaalai Mukh Grasiaa ||	All the beings and creatures created by God are caught in the mouth of Death.	ਜਿਤਨੇ ਭੀ ਜੀਅ-ਜੰਤ ਪ੍ਰਭੂ ਨੇ ਪੈਦਾ ਕੀਤੇ ਹੋਏ ਹਨ, ਇਹ ਸਾਰੇ ਹੀ (ਪਰਮਾਤਮਾ ਤੋਂ ਵਿਛੁੜ ਕੇ) ਆਤਮਕ ਮੌਤ ਦੇ ਮੂੰਹ ਵਿਚ ਫਸੇ ਰਹਿੰਦੇ ਹਨ।
56482	1319	ਹਰਿ ਜਨ ਹਰਿ ਹਰਿ ਹਰਿ ਪ੍ਰਭਿ ਰਾਖੇ ਜਨ ਨਾਨਕ ਸਰਨਿ ਪਇਆ॥੪॥੨॥		Har Jan Har Har Har Prabh Raakhae Jan Naanak Saran Paeiaa ||4||2||	The humble servants of the Lord are protected by the Lord God, Har, Har, Har; servant Nanak seeks His Sanctuary. ||4||2||	ਹੇ ਦਾਸ ਨਾਨਕ! ਆਪਣੇ ਭਗਤਾਂ ਦੀ ਪ੍ਰਭੂ ਨੇ ਸਦਾ ਹੀ ਆਪ ਰੱਖਿਆ ਕੀਤੀ ਹੈ, ਭਗਤ ਪ੍ਰਭੂ ਦੀ ਸਰਨ ਪਏ ਰਹਿੰਦੇ ਹਨ ॥੪॥੨॥
56483	1319	ਕਲਿਆਨ ਮਹਲਾ ੪॥		Kaliaan Mehalaa 4 ||	Kalyaan, Fourth Mehl:	
56484	1320	ਮੇਰੇ ਮਨ ਜਪੁ ਜਪਿ ਜਗੰਨਾਥੇ॥	ਜਗੰ-ਨਾਥੇ	Maerae Man Jap Jap Jagannaathhae ||	O my mind, chant and meditate on the Master of the Universe.	ਹੇ ਮੇਰੇ ਮਨ! ਜਗਤ ਦੇ ਨਾਥ (ਦੇ ਨਾਮ) ਦਾ ਜਾਪ ਜਪਿਆ ਕਰ।

56485	1320	ਗੁਰ ਉਪਦੇਸਿ ਹਰਿ ਨਾਮੁ ਧਿਆਇਓ ਸਭਿ ਕਿਲਬਿਖ ਦੁਖ ਲਾਥੇ॥੧॥ਰਹਾਉ॥		Gur Oupadhaes Har Naam Dhhiaaeiou Sabh Kilabikh Dhukh Laathhae ||1|| Rehaao ||	Through the Guru's Teachings, meditate on the Lord's Name, and be rid of all the painful past sins. ||1||Pause||	(ਜਿਸ ਮਨੁੱਖ ਨੇ) ਗੁਰੂ ਦੇ ਉਪਦੇਸ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰਿਆ, ਉਸ ਦੇ ਸਾਰੇ ਪਾਪ ਸਾਰੇ ਦੁੱਖ ਦੂਰ ਹੋ ਗਏ ॥੧॥ ਰਹਾਉ ॥
56486	1320	ਰਸਨਾ ਏਕ ਜਸੁ ਗਾਇ ਨ ਸਾਕੈ ਬਹੁ ਕੀਜੈ ਬਹੁ ਰਸੁਨਥੇ॥	ਰਸੁਨ-ਥੇ	Rasanaa Eaek Jas Gaae N Saakai Bahu Keejai Bahu Rasunathhae ||	I have only one tongue - I cannot sing His Praises. Please bless me with many, many tongues.	ਹੇ ਪ੍ਰਭੂ! (ਮਨੁੱਖ ਦੀ) ਇੱਕ ਜੀਭ (ਤੇਰਾ) ਜਸ (ਪੂਰੇ ਤੌਰ ਤੇ) ਗਾ ਨਹੀਂ ਸਕਦੀ, (ਇਸ ਨੂੰ) ਬਹੁਤ ਜੀਭਾਂ ਵਾਲਾ ਬਣਾ ਦੇਹ।
56487	1320	ਬਾਰ ਬਾਰ ਖਿਨੁ ਪਲ ਸਭਿ ਗਾਵਹਿ ਗੁਨ ਕਹਿ ਨ ਸਕਹਿ ਪ੍ਰਭ ਤੁਮਨਥੇ॥੧॥	ਤੁਮਨ-ਥੇ	Baar Baar Khin Pal Sabh Gaavehi Gun Kehi N Sakehi Prabh Thumanathhae ||1||	Again and again, each and every instant, with all of them, I would sing His Glorious Praises; but even then, I would not be able to sing all of Your Praises, God. ||1||	ਹੇ ਪ੍ਰਭੂ! ਸਾਰੇ ਜੀਵ ਮੁੜ ਮੁੜ ਹਰੇਕ ਪਲ ਤੇਰੇ ਗੁਣ ਗਾਂਦੇ ਹਨ, ਪਰ ਤੇਰੇ (ਸਾਰੇ) ਗੁਣ ਬਿਆਨ ਨਹੀਂ ਕਰ ਸਕਦੇ ॥੧॥

56488	1320	ਹਮ ਬਹੁ ਪ੍ਰੀਤਿ ਲਗੀ ਪ੍ਰਭ ਸੁਆਮੀ ਹਮ ਲੋਚਹ ਪ੍ਰਭੁ ਦਿਖਨਥੇ॥	ਦਿਖਨ-ਥੇ	Ham Bahu Preeth Lagee Prabh Suaamee Ham Locheh Prabh Dhikhanathhae ||	I am so deeply in love with God, my Lord and Master; I long to see God's Vision.	ਹੇ ਮੇਰੇ ਮਾਲਕ ਪ੍ਰਭੂ! ਮੇਰੇ ਅੰਦਰ ਤੇਰੀ ਬਹੁਤ ਪ੍ਰੀਤ ਪੈਦਾ ਹੋ ਚੁਕੀ ਹੈ; ਮੈਂ ਤੈਨੂੰ ਦੇਖਣ ਲਈ ਤਾਂਘ ਕਰ ਰਿਹਾ ਹਾਂ।
56489	1320	ਤੁਮ ਬਡ ਦਾਤੇ ਜੀਅ ਜੀਅਨ ਕੇ ਤੁਮ ਜਾਨਹੁ ਹਮ ਬਿਰਥੇ॥੨॥		Thum Badd Dhaathae Jeea Jeean Kae Thum Jaanahu Ham Birathhae ||2||	You are the Great Giver of all beings and creatures; only You know our inner pain. ||2||	ਹੇ ਪ੍ਰਭੂ! ਤੂੰ ਸਾਰੇ ਜੀਵਾਂ ਨੂੰ ਜਿੰਦ ਦੇਣ ਵਾਲਾ ਹੈਂ, ਤੂੰ ਹੀ ਅਸਾਂ ਜੀਵਾਂ ਦੇ ਦਿਲ ਦੀ ਪੀੜ ਜਾਣਦਾ ਹੈਂ ॥੨॥
56490	1320	ਕੋਈ ਮਾਰਗੁ ਪੰਥੁ ਬਤਾਵੈ ਪ੍ਰਭ ਕਾ ਕਹੁ ਤਿਨ ਕਉ ਕਿਆ ਦਿਨਥੇ॥	ਦਿਨ-ਥੇ	Koee Maarag Panthh Bathaavai Prabh Kaa Kahu Thin Ko Kiaa Dhinathhae ||	If only someone would show me the Way, the Path of God. Tell me - what could I give him?	ਜੇ ਕੋਈ (ਸੰਤ ਜਨ ਮੈਨੂੰ) ਪ੍ਰਭੂ (ਦੇ ਮਿਲਾਪ) ਦਾ ਰਸਤਾ ਦੱਸ ਦੇਵੇ, ਤਾਂ ਅਜਿਹੇ (ਸੰਤ) ਜਨਾਂ ਨੂੰ ਕੀਹ ਦੇਣਾ ਚਾਹੀਦਾ ਹੈ?
56491	1320	ਸਭੁ ਤਨੁ ਮਨੁ ਅਰਪਉ ਅਰਪਿ ਅਰਾਪਉ ਕੋਈ ਮੇਲੈ ਪ੍ਰਭ ਮਿਲਥੇ॥੩॥	ਮਿਲ-ਥੇ	Sabh Than Man Arapo Arap Araapo Koee Maelai Prabh Milathhae ||3||	I would surrender, offer and dedicate all my body and mind to him; if only someone would unite me in God's Union! ||3||	ਜੇ ਪ੍ਰਭੂ ਨੂੰ ਮਿਲਿਆ ਹੋਇਆ ਕੋਈ ਪਿਆਰਾ ਮੈਨੂੰ ਪ੍ਰਭੂ ਨਾਲ ਮਿਲਾ ਦੇਵੇ ਤਾਂ ਮੈਂ ਤਾਂ ਆਪਣਾ ਸਾਰਾ ਤਨ ਸਾਰਾ ਮਨ ਸਦਾ ਲਈ ਭੇਟ ਕਰ ਦਿਆਂ ॥੩॥

56492	1320	ਹਰਿ ਕੇ ਗੁਨ ਬਹੁਤ ਬਹੁਤ ਬਹੁ ਸੋਭਾ ਹਮ ਤੁਛ ਕਰਿ ਕਰਿ ਬਰਨਥੇ॥	ਬਰਨ-ਥੇ	Har Kae Gun Bahuth Bahuth Bahu Sobhaa Ham Thushh Kar Kar Baranathhae ||	The Glorious Praises of the Lord are so many and numerous; I can describe only a tiny bit of them.	ਪਰਮਾਤਮਾ ਦੇ ਗੁਣ ਬਹੁਤ ਹੀ ਬੇਅੰਤ ਹਨ, ਬਹੁਤ ਬੇਅੰਤ ਹਨ, ਅਸੀਂ ਜੀਵ ਬਹੁਤੇ ਹੀ ਥੋੜੇ ਬਿਆਨ ਕਰਦੇ ਹਾਂ (ਪਰ ਜੀਵਾਂ ਦੇ ਵੱਸ ਦੀ ਗੱਲ ਨਹੀਂ ਹੈ)।
56493	1320	ਹਮਰੀ ਮਤਿ ਵਸਗਤਿ ਪ੍ਰਭ ਤੁਮਰੈ ਜਨ ਨਾਨਕ ਕੇ ਪ੍ਰਭ ਸਮਰਥੇ॥੪॥੩॥	ਸਮਰੱਥੇ	Hamaree Math Vasagath Prabh Thumarai Jan Naanak Kae Prabh Samarathhae ||4||3||	My intellect is under Your control, God; You are the All-powerful Lord God of servant Nanak. ||4||3||	ਹੇ ਦਾਸ ਨਾਨਕ ਦੇ ਸਮਰੱਥ ਪ੍ਰਭੂ! ਅਸਾਂ ਜੀਵਾਂ ਦੀ ਮੱਤ ਤੇਰੇ ਹੀ ਵੱਸ ਵਿਚ ਹੈ (ਜਿਤਨੀ ਮੱਤ ਤੂੰ ਦੇਂਦਾ ਹੈਂ ਉਤਨੀ ਹੀ ਤੇਰੀ ਸੋਭਾ ਅਸੀਂ ਬਿਆਨ ਕਰ ਸਕਦੇ ਹਾਂ) ॥੪॥੩॥
56494	1320	ਕਲਿਆਨ ਮਹਲਾ ੪॥		Kaliaan Mehalaa 4 ||	Kalyaan, Fourth Mehl:	
56495	1320	ਮੇਰੇ ਮਨ ਜਪਿ ਹਰਿ ਗੁਨ ਅਕਥ ਸੁਨਥਈ॥	(ਸੁਨ-ਥਈ) ਸੁਨਣਾ ਕਰ। ਅ-ਕਥ: ਪੋਲਾ ਬੋਲੋ	Maerae Man Jap Har Gun Akathh Sunathhee ||	O my mind, chant the Glorious Praises of the Lord, which are said to be inexpressible.	ਹੇ ਮੇਰੇ ਮਨ! ਉਸ ਪਰਮਾਤਮਾ ਦੇ ਗੁਣ ਯਾਦ ਕਰਿਆ ਕਰ ਜੋ ਅਕੱਥ ਸੁਣਿਆ ਜਾ ਰਿਹਾ ਹੈ।

56496	1320	ਧਰਮੁ ਅਰਥੁ ਸਭੁ ਕਾਮੁ ਮੋਖੁ ਹੈ ਜਨ ਪੀਛੈ ਲਗਿ ਫਿਰਥਈ॥੧॥ਰਹਾਉ ॥	ਫਿਰ-ਥਈ	Dhharam Arathh Sabh Kaam Mokh Hai Jan Peeshhai Lag Firathhee ||1|| Rehaao ||	Rightousness and Dharmic faith, success and prosperity, pleasure, the fulfillment of desires and liberation - all follow the humble servant of the Lord like a shadow. ||1||Pause||	ਧਰਮ ਅਰਥ ਕਾਮ ਮੋਖ-(ਇਹੀ ਹੈ) ਸਾਰਾ (ਮਨੁੱਖ ਦਾ ਨਿਸ਼ਾਨਾ, ਪਰ ਇਹਨਾਂ ਵਿਚੋਂ ਹਰੇਕ ਹੀ ਪਰਮਾਤਮਾ ਦੇ) ਭਗਤ ਦੇ ਪਿੱਛੇ ਪਿੱਛੇ ਤੁਰਿਆ ਫਿਰਦਾ ਹੈ ॥੧॥ ਰਹਾਉ ॥
56497	1320	ਸੋ ਹਰਿ ਹਰਿ ਨਾਮੁ ਧਿਆਵੈ ਹਰਿ ਜਨੁ ਜਿਸੁ ਬਡਭਾਗ ਮਥਈ॥	ਮੱ-ਥਈ	So Har Har Naam Dhhiaavai Har Jan Jis Baddabhaag Mathhee ||	That humble servant of the Lord who has such good fortune written on his forehead meditates on the Name of the Lord, Har, Har.	ਜਿਸ ਮਨੁੱਖ ਦੇ ਮੱਥੇ ਉੱਤੇ ਵੱਡਾ ਭਾਗ (ਜਾਗ ਪੈਂਦਾ) ਹੈ, ਉਹ ਭਗਤ-ਜਨ ਪਰਮਾਤਮਾ ਦਾ ਨਾਮ ਸਦਾ ਸਿਮਰਦਾ ਹੈ।
56498	1320	ਜਹ ਦਰਗਹਿ ਪ੍ਰਭੁ ਲੇਖਾ ਮਾਗੈ ਤਹ ਛੁਟੈ ਨਾਮੁ ਧਿਆਇਥਈ॥੧॥	ਧਿਆਇ-ਥਈ	Jeh Dharagehi Prabh Laekhaa Maagai Theh Shhuttai Naam Dhhiaaeithhee ||1||	In that Court, where God calls for the accounts, there, you shall be saved only by meditating on the Naam, the Name of the Lord. ||1||	ਜਿੱਥੇ (ਆਪਣੀ) ਦਰਗਾਹ ਵਿਚ ਪਰਮਾਤਮਾ (ਮਨੁੱਖ ਦੇ ਕੀਤੇ ਕਰਮਾਂ ਦਾ) ਲੇਖਾ ਮੰਗਦਾ ਹੈ, ਪਰਮਾਤਮਾ ਦਾ ਨਾਮ ਸਿਮਰ ਕੇ ਹੀ ਉੱਥੇ ਮਨੁੱਖ ਸੁਰਖ਼ਰੂ ਹੁੰਦਾ ਹੈ ॥੧॥

56499	1320	ਹਮਰੇ ਦੋਖ ਬਹੁ ਜਨਮ ਜਨਮ ਕੇ ਦੁਖੁ ਹਉਮੈ ਮੈਲੁ ਲਗਥਈ॥	(ਲੱਗ-ਥਈ) ਲੱਗੀ ਹੋਈ ਹੈ	Hamarae Dhokh Bahu Janam Janam Kae Dhukh Houmai Mail Lagathhee ||	I am stained with the filth of the mistakes of countless lifetimes, the pain and pollution of egotism.	ਅਸਾਂ ਜੀਵਾਂ ਦੇ (ਅੰਦਰ) ਅਨੇਕਾਂ ਜਨਮਾਂ ਦੇ ਐਬ ਇਕੱਠੇ ਹੋਏ ਪਏ ਹਨ, (ਸਾਡੇ ਅੰਦਰ) ਦੁੱਖ (ਟਿਕਿਆ ਰਹਿੰਦਾ ਹੈ), ਹਉਮੈ ਦੀ ਮੈਲ ਲੱਗੀ ਰਹਿੰਦੀ ਹੈ।
56500	1320	ਗੁਰਿ ਧਾਰਿ ਕ੍ਰਿਪਾ ਹਰਿ ਜਲਿ ਨਾਵਾਏ ਸਭ ਕਿਲਬਿਖ ਪਾਪ ਗਥਈ॥੨॥	(ਗ-ਥਈ) ਨਾਸ ਹੋ ਗਏ। ਨ੍ਹਾਵਾਏ	Gur Dhhaar Kirapaa Har Jal Naavaaeae Sabh Kilabikh Paap Gathhee ||2||	Showering His Mercy, the Guru bathed me in the Water of the Lord, and all my sins and mistakes were taken away. ||2||	(ਜਿਨ੍ਹਾਂ ਵਡਭਾਗੀਆਂ ਨੂੰ) ਗੁਰੂ ਨੇ ਮਿਹਰ ਕਰ ਕੇ ਹਰਿ-ਨਾਮ-ਜਲ ਵਿਚ ਇਸ਼ਨਾਨ ਕਰਾ ਦਿੱਤਾ, (ਉਹਨਾਂ ਦੇ ਅੰਦਰੋਂ) ਪਾਪਾਂ ਵਿਕਾਰਾਂ ਦੀ ਸਾਰੀ (ਮੈਲ) ਦੂਰ ਹੋ ਗਈ ॥੨॥
56501	1320	ਜਨ ਕੈ ਰਿਦ ਅੰਤਰਿ ਪ੍ਰਭੁ ਸੁਆਮੀ ਜਨ ਹਰਿ ਹਰਿ ਨਾਮੁ ਭਜਥਈ॥	ਭਜ-ਥਈ	Jan Kai Ridh Anthar Prabh Suaamee Jan Har Har Naam Bhajathhee ||	God, our Lord and Master, is deep within the hearts of His humble servants. They vibrate the Naam, the Name of the Lord, Har, Har.	ਭਗਤ ਜਨਾਂ ਦੇ ਹਿਰਦੇ ਵਿਚ ਮਾਲਕ-ਪ੍ਰਭੂ ਵੱਸਿਆ ਰਹਿੰਦਾ ਹੈ, ਭਗਤ ਜਨਾਂ ਨੇ ਸਦਾ ਪਰਮਾਤਮਾ ਦਾ ਨਾਮ ਜਪਿਆ ਹੈ।
56502	1320	ਜਹ ਅੰਤੀ ਅਉਸਰੁ ਆਇ ਬਨਤੁ ਹੈ ਤਹ ਰਾਖੈ ਨਾਮੁ ਸਾਥਈ॥੩॥	ਸਾ-ਥਈ	Jeh Anthee Aousar Aae Banath Hai Theh Raakhai Naam Saathhee ||3||	And when that very last moment comes, then the Naam is our Best Friend and Protector. ||3||	ਜਿੱਥੇ ਅਖ਼ੀਰਲਾ ਵਕਤ ਆ ਬਣਦਾ ਹੈ, ਉਥੇ ਪਰਮਾਤਮਾ ਦਾ ਨਾਮ ਸਾਥੀ (ਬਣ ਕੇ) ਰਖਿਆ ਕਰਦਾ ਹੈ ॥੩॥

56503	1320	ਜਨ ਤੇਰਾ ਜਸੁ ਗਾਵਹਿ ਹਰਿ ਹਰਿ ਪ੍ਰਭ ਹਰਿ ਜਪਿਓ ਜਗੰਨਥਈ॥	ਜੱਗੰ-ਨਥਈ	Jan Thaeraa Jas Gaavehi Har Har Prabh Har Japiou Jagannathhee ||	Your humble servants sing Your Praises, O Lord, Har, Har; they chant and meditate on the Lord God, the Master of the Universe.	ਹੇ ਹਰੀ! (ਤੇਰੇ) ਭਗਤ ਤੇਰਾ ਜਸ (ਸਦਾ) ਗਾਂਦੇ ਰਹਿੰਦੇ ਹਨ। ਹੇ ਜਗਤ ਦੇ ਨਾਥ ਪ੍ਰਭੂ! (ਤੇਰੇ ਭਗਤਾਂ ਨੇ) ਸਦਾ ਤੇਰਾ ਨਾਮ ਜਪਿਆ ਹੈ।
56504	1320	ਜਨ ਨਾਨਕ ਕੇ ਪ੍ਰਭ ਰਾਖੇ ਸੁਆਮੀ ਹਮ ਪਾਥਰ ਰਖੁ ਬੁਡਥਈ॥੪॥੪॥	ਬੁੱਡਥਈ	Jan Naanak Kae Prabh Raakhae Suaamee Ham Paathhar Rakh Buddathhee ||4||4||	O God, my Saving Grace, Lord and Master of servant Nanak, please save me, the sinking stone. ||4||4||	ਹੇ ਦਾਸ ਨਾਨਕ ਦੇ ਰਖਵਾਲੇ ਮਾਲਕ ਪ੍ਰਭੂ! ਅਸਾਂ ਪੱਥਰ (ਵਾਂਗ) ਡੁੱਬਦੇ ਜੀਵਾਂ ਦੀ ਰੱਖਿਆ ਕਰ ॥੪॥੪॥
56505	1320	ਕਲਿਆਨ ਮਹਲਾ ੪॥		Kaliaan Mehalaa 4 ||	Kalyaan, Fourth Mehl:	
56506	1320	ਹਮਰੀ ਚਿਤਵਨੀ ਹਰਿ ਪ੍ਰਭੁ ਜਾਨੈ॥		Hamaree Chithavanee Har Prabh Jaanai ||	Only the Lord God knows my innermost thoughts.	ਅਸਾਂ ਜੀਵਾਂ ਦੀ (ਹਰੇਕ) ਭਾਵਨੀ ਨੂੰ ਪਰਮਾਤਮਾ (ਆਪ) ਜਾਣਦਾ ਹੈ।

56507	1320	ਅਉਰੁ ਕੋਈ ਨਿੰਦ ਕਰੈ ਹਰਿ ਜਨ ਕੀ ਪ੍ਰਭੁ ਤਾ ਕਾ ਕਹਿਆ ਇਕੁ ਤਿਲੁ ਨਹੀ ਮਾਨੈ॥੧॥ਰਹਾਉ॥		Aour Koee Nindh Karai Har Jan Kee Prabh Thaa Kaa Kehiaa Eik Thil Nehee Maanai ||1|| Rehaao ||	If someone slanders the humble servant of the Lord, God does not believe even a tiny bit of what he says. ||1||Pause||	ਜੇ ਕੋਈ ਹੋਰ (ਨਿੰਦਕ ਮਨੁੱਖ) ਪਰਮਾਤਮਾ ਦੇ ਭਗਤ ਦੀ ਨਿੰਦਾ ਕਰਦਾ ਹੋਵੇ, ਪਰਮਾਤਮਾ ਉਸ ਦਾ ਆਖਿਆ ਹੋਇਆ (ਨਿੰਦਾ ਦਾ ਬਚਨ) ਰਤਾ ਭਰ ਭੀ ਨਹੀਂ ਮੰਨਦਾ ॥੧॥ ਰਹਾਉ ॥
56508	1320	ਅਉਰ ਸਭ ਤਿਆਗਿ ਸੇਵਾ ਕਰਿ ਅਚੁਤ ਜੋ ਸਭ ਤੇ ਊਚ ਠਾਕੁਰੁ ਭਗਵਾਨੈ॥	ਅ-ਚੁੱਤ	Aour Sabh Thiaag Saevaa Kar Achuth Jo Sabh Thae Ooch Thaakur Bhagavaanai ||	So give up everything else, and serve the Imperishable; The Lord God, our Lord and Master, is the Highest of all.	ਹੋਰ ਹਰੇਕ (ਆਸ) ਲਾਹ ਕੇ ਉਸ ਅਬਿਨਾਸੀ ਪਰਮਾਤਮਾ ਦੀ ਭਗਤੀ ਕਰਿਆ ਕਰ, ਜਿਹੜਾ ਸਭ ਤੋਂ ਉੱਚਾ ਮਾਲਕ ਭਗਵਾਨ ਹੈ।
56509	1320	ਹਰਿ ਸੇਵਾ ਤੇ ਕਾਲੁ ਜੋਹਿ ਨ ਸਾਕੈ ਚਰਨੀ ਆਇ ਪਵੈ ਹਰਿ ਜਾਨੈ॥੧॥		Har Saevaa Thae Kaal Johi N Saakai Charanee Aae Pavai Har Jaanai ||1||	When you serve the Lord, Death cannot even see you. It comes and falls at the feet of those who know the Lord. ||1||	ਪਰਮਾਤਮਾ ਦੀ ਸੇਵਾ-ਭਗਤੀ ਦੀ ਬਰਕਤਿ ਨਾਲ ਆਤਮਕ ਮੌਤ (ਭਗਤ ਵਲ) ਤੱਕ ਭੀ ਨਹੀਂ ਸਕਦੀ, ਉਹ ਤਾਂ ਭਗਤ ਦੇ ਚਰਨਾਂ ਵਿਚ ਆ ਡਿੱਗਦੀ ਹੈ (ਭਗਤ ਦੇ ਅਧੀਨ ਹੋ ਜਾਂਦੀ ਹੈ) ॥੧॥

56510	1320	ਜਾ ਕਉ ਰਾਖਿ ਲੇਇ ਮੇਰਾ ਸੁਆਮੀ ਤਾ ਕਉ ਸੁਮਤਿ ਦੇਇ ਪੈ ਕਾਨੈ॥	(ਕਾਨੈ) ਕੰਨਾਂ। (ਪੈ) ਵਿੱਚ।ਸੁ-ਮੱਤਿ	Jaa Ko Raakh Laee Maeraa Suaamee Thaa Ko Sumath Dhaee Pai Kaanai ||	Those whom my Lord and Master protects - a balanced wisdom comes to their ears.	ਪਿਆਰਾ ਮਾਲਕ-ਪ੍ਰਭੂ ਜਿਸ ਮਨੁੱਖ ਦੀ ਰਖਿਆ ਕਰਦਾ ਹੈ, ਉਸ ਨੂੰ ਪਿਆਰ ਨਾਲ ਧਿਆਨ ਨਾਲ ਸ੍ਰੇਸ਼ਟ ਮੱਤ ਬਖ਼ਸ਼ਦਾ ਹੈ।
56511	1320	ਤਾ ਕਉ ਕੋਈ ਅਪਰਿ ਨ ਸਾਕੈ ਜਾ ਕੀ ਭਗਤਿ ਮੇਰਾ ਪ੍ਰਭੁ ਮਾਨੈ॥੨॥	ਅੱਪ-ਰਿ	Thaa Ko Koee Apar N Saakai Jaa Kee Bhagath Maeraa Prabh Maanai ||2||	No one can equal them; their devotional worship is accepted by my God. ||2||	ਪਰਮਾਤਮਾ ਜਿਸ ਮਨੁੱਖ ਦੀ ਭਗਤੀ ਪਰਵਾਨ ਕਰ ਲੈਂਦਾ ਹੈ, ਕੋਈ ਹੋਰ ਮਨੁੱਖ ਉਸ ਦੀ ਬਰਾਬਰੀ ਨਹੀਂ ਕਰ ਸਕਦਾ ॥੨॥
56512	1320	ਹਰਿ ਕੇ ਚੋਜ ਵਿਡਾਨ ਦੇਖੁ ਜਨ ਜੋ ਖੋਟਾ ਖਰਾ ਇਕ ਨਿਮਖ ਪਛਾਨੈ॥		Har Kae Choj Viddaan Dhaekh Jan Jo Khottaa Kharaa Eik Nimakh Pashhaanai ||	So behold the Wondrous and Amazing Play of the Lord. In an instant, He distinguishes the genuine from the counterfeit.	ਹੇ ਸੱਜਣ! ਵੇਖ, ਉਸ ਪਰਮਾਤਮਾ ਦੇ ਕੌਤਕ ਬੜੇ ਹੈਰਾਨ ਕਰਨ ਵਾਲੇ ਹਨ ਜੋ ਅੱਖ ਝਮਕਣ ਜਿਤਨੇ ਸਮੇ ਵਿਚ ਹੀ ਖੋਟੇ ਖਰੇ ਮਨੁੱਖ ਨੂੰ ਪਛਾਣ ਲੈਂਦਾ ਹੈ।

56513	1320	ਤਾ ਤੇ ਜਨ ਕਉ ਅਨਦੁ ਭਇਆ ਹੈ ਰਿਦ ਸੁਧ ਮਿਲੇ ਖੋਟੇ ਪਛੁਤਾਨੈ॥੩॥		Thaa Thae Jan Ko Anadh Bhaeiaa Hai Ridh Sudhh Milae Khottae Pashhuthaanai ||3||	And that is why His humble servant is in bliss. Those of pure heart meet together, while the evil ones regret and repent. ||3||	ਸੁੱਧ ਹਿਰਦੇ ਵਾਲੇ ਮਨੁੱਖ ਉਸ ਨੂੰ ਮਿਲ ਪੈਂਦੇ ਹਨ, ਖੋਟੇ ਮਨੁੱਖ ਪਛੁਤਾਂਦੇ ਹੀ ਰਹਿ ਜਾਂਦੇ ਹਨ। ਤਾਹੀਏਂ ਭਗਤ ਦੇ ਅੰਦਰ ਆਨੰਦ ਬਣਿਆ ਰਹਿੰਦਾ ਹੈ (ਕਿਉਂਕਿ ਭਗਤ ਨੂੰ ਪ੍ਰਭੂ ਆਪਣੇ ਚਰਨਾਂ ਵਿਚ ਜੋੜੀ ਰੱਖਦਾ ਹੈ) ॥੩॥
56514	1320	ਤੁਮ ਹਰਿ ਦਾਤੇ ਸਮਰਥ ਸੁਆਮੀ ਇਕੁ ਮਾਗਉ ਤੁਝ ਪਾਸਹੁ ਹਰਿ ਦਾਨੈ॥	ਸਮਰੱਥ	Thum Har Dhaathae Samarathh Suaamee Eik Maago Thujh Paasahu Har Dhaanai ||	Lord, You are the Great Giver, our All-powerful Lord and Master; O Lord, I beg for only one gift from You.	ਹੇ ਹਰੀ! ਤੁਸੀਂ ਸਭ ਦਾਤਾਂ ਦੇਣ ਵਾਲੇ ਸਭ ਤਾਕਤਾਂ ਦੇ ਮਾਲਕ ਸੁਆਮੀ ਹੋ। ਹੇ ਹਰੀ! ਮੈਂ ਤੇਰੇ ਪਾਸੋਂ ਇਕ ਖ਼ੈਰ ਮੰਗਦਾ ਹਾਂ।
56515	1320	ਜਨ ਨਾਨਕ ਕਉ ਹਰਿ ਕ੍ਰਿਪਾ ਕਰਿ ਦੀਜੈ ਸਦ ਬਸਹਿ ਰਿਦੈ ਮੋਹਿ ਹਰਿ ਚਰਾਨੈ॥੪॥੫॥		Jan Naanak Ko Har Kirapaa Kar Dheejai Sadh Basehi Ridhai Mohi Har Charaanai ||4||5||	Lord, please bless servant Nanak with Your Grace, that Your Feet may abide forever within my heart. ||4||5||	ਮਿਹਰ ਕਰ ਕੇ (ਆਪਣੇ) ਦਾਸ ਨਾਨਕ ਨੂੰ (ਇਹ ਦਾਨ) ਦੇਹ ਕਿ, ਹੇ ਹਰੀ! ਤੇਰੇ ਚਰਨ ਮੇਰੇ ਹਿਰਦੇ ਵਿਚ ਸਦਾ ਵੱਸਦੇ ਰਹਿਣ ॥੪॥੫॥
56516	1321	ਕਲਿਆਨ ਮਹਲਾ ੪॥		Kaliaan Mehalaa 4 ||	Kalyaan, Fourth Mehl:	

56517	1321	ਪ੍ਰਭ ਕੀਜੈ ਕ੍ਰਿਪਾ ਨਿਧਾਨ ਹਮ ਹਰਿ ਗੁਨ ਗਾਵਹਗੇ॥		Prabh Keejai Kirapaa Nidhhaan Ham Har Gun Gaavehagae ||	O God, Treasure of Mercy, please bless me, that I may sing the Glorious Praises of the Lord.	ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ! ਮਿਹਰ ਕਰ, ਅਸੀਂ (ਜੀਵ) ਤੇਰੇ ਗੁਣ ਗਾਂਦੇ ਰਹੀਏ।
56518	1321	ਹਉ ਤੁਮਰੀ ਕਰਉ ਨਿਤ ਆਸ ਪ੍ਰਭ ਮੋਹਿ ਕਬ ਗਲਿ ਲਾਵਹਿਗੇ॥੧॥ਰਹਾਉ ॥	ਲਾਵਹਿ-ਗੇ	Ho Thumaree Karo Nith Aas Prabh Mohi Kab Gal Laavehigae ||1|| Rehaao ||	I always place my hopes in You; O God, when will you take me in Your Embrace? ||1||Pause||	ਹੇ ਪ੍ਰਭੂ! ਮੈਂ ਸਦਾ ਤੇਰੀ (ਮਿਹਰ ਦੀ ਹੀ) ਆਸ ਕਰਦਾ ਰਹਿੰਦਾ ਹਾਂ ਕਿ ਪ੍ਰਭੂ ਜੀ ਮੈਨੂੰ ਕਦੋਂ (ਆਪਣੇ) ਗਲ ਨਾਲ ਲਾਣਗੇ ॥੧॥ ਰਹਾਉ ॥
56519	1321	ਹਮ ਬਾਰਿਕ ਮੁਗਧ ਇਆਨ ਪਿਤਾ ਸਮਝਾਵਹਿਗੇ॥	ਸਮਝਾਵਹਿ-ਗੇ	Ham Baarik Mugadhh Eiaan Pithaa Samajhaavehigae ||	I am a foolish and ignorant child; Father, please teach me!	ਅਸੀਂ ਜੀਵ ਮੂਰਖ ਅੰਞਾਣ ਬੱਚੇ ਹਾਂ, ਪ੍ਰਭੂ-ਪਿਤਾ ਜੀ (ਸਾਨੂੰ ਸਦਾ) ਸਮਝਾਂਦੇ ਰਹਿੰਦੇ ਹਨ।
56520	1321	ਸੁਤੁ ਖਿਨੁ ਖਿਨੁ ਭੂਲਿ ਬਿਗਾਰਿ ਜਗਤ ਪਿਤ ਭਾਵਹਿਗੇ॥੧॥		Suth Khin Khin Bhool Bigaar Jagath Pith Bhaavehigae ||1||	Your child makes mistakes again and again, but still, You are pleased with him, O Father of the Universe. ||1||	ਪੁੱਤਰ ਮੁੜ ਮੁੜ ਹਰ ਵੇਲੇ ਭੁੱਲਦਾ ਹੈ ਵਿਗਾੜ ਕਰਦਾ ਹੈ, ਪਰ ਜਗਤ ਦੇ ਪਿਤਾ ਨੂੰ (ਜੀਵ ਬੱਚੇ ਫਿਰ ਭੀ) ਪਿਆਰੇ (ਹੀ) ਲੱਗਦੇ ਹਨ ॥੧॥

56521	1321	ਜੋ ਹਰਿ ਸੁਆਮੀ ਤੁਮ ਦੇਹੁ ਸੋਈ ਹਮ ਪਾਵਹਗੇ॥		Jo Har Suaamee Thum Dhaehu Soee Ham Paavehagae ||	Whatever You give me, O my Lord and Master - that is what I receive.	ਹੇ ਹਰੀ! ਹੇ ਸੁਆਮੀ! ਜੋ ਕੁਝ ਤੂੰ (ਆਪ) ਦੇਂਦਾ ਹੈਂ, ਉਹੀ ਕੁਝ ਅਸੀਂ ਲੈ ਸਕਦੇ ਹਾਂ।
56522	1321	ਮੋਹਿ ਦੂਜੀ ਨਾਹੀ ਠਉਰ ਜਿਸੁ ਪਹਿ ਹਮ ਜਾਵਹਗੇ॥੨॥		Mohi Dhoojee Naahee Thour Jis Pehi Ham Jaavehagae ||2||	There is no other place where I can go. ||2||	(ਤੈਥੋਂ ਬਿਨਾ) ਮੈਨੂੰ ਕੋਈ ਹੋਰ ਥਾਂ ਨਹੀਂ ਸੁੱਝਦੀ, ਜਿਸ ਕੋਲ ਅਸੀਂ ਜੀਵ ਜਾ ਸਕੀਏ ॥੨॥
56523	1321	ਜੋ ਹਰਿ ਭਾਵਹਿ ਭਗਤਿ ਤਿਨਾ ਹਰਿ ਭਾਵਹਿਗੇ॥		Jo Har Bhaavehi Bhagath Thinaa Har Bhaavehigae ||	Those devotees who are pleasing to the Lord - the Lord is pleasing to them.	ਜਿਹੜੇ ਭਗਤ ਪ੍ਰਭੂ ਨੂੰ ਪਿਆਰੇ ਲੱਗਦੇ ਹਨ, ਉਹਨਾਂ ਨੂੰ ਪ੍ਰਭੂ ਜੀ ਪਿਆਰੇ ਲੱਗਦੇ ਹਨ।
56524	1321	ਜੋਤੀ ਜੋਤਿ ਮਿਲਾਇ ਜੋਤਿ ਰਲਿ ਜਾਵਹਗੇ॥੩॥		Jothee Joth Milaae Joth Ral Jaavehagae ||3||	Their light merges into the Light; the lights are merged and blended together. ||3||	(ਉਹ ਭਗਤ) ਪ੍ਰਭੂ ਦੀ ਜੋਤਿ ਵਿਚ ਆਪਣੀ ਜਿੰਦ ਮਿਲਾ ਕੇ ਪ੍ਰਭੂ ਦੀ ਜੋਤਿ ਨਾਲ ਇਕ-ਮਿਕ ਹੋਏ ਰਹਿੰਦੇ ਹਨ ॥੩॥
56525	1321	ਹਰਿ ਆਪੇ ਹੋਇ ਕ੍ਰਿਪਾਲੁ ਆਪਿ ਲਿਵ ਲਾਵਹਿਗੇ॥	ਰਖਾਵਹਿ-ਗੇ	Har Aapae Hoe Kirapaal Aap Liv Laavehigae ||	The Lord Himself has shown mercy; He lovingly attunes me to Himself.	ਪ੍ਰਭੂ ਜੀ ਆਪ ਹੀ ਦਇਆਲ ਹੋ ਕੇ (ਜੀਵਾਂ ਦੇ ਅੰਦਰ) ਆਪ (ਹੀ ਆਪਣਾ) ਪਿਆਰ ਪੈਦਾ ਕਰਦੇ ਹਨ।

56526	1321	ਜਨੁ ਨਾਨਕੁ ਸਰਨਿ ਦੁਆਰਿ ਹਰਿ ਲਾਜ ਰਖਾਵਹਿਗੇ॥੪॥੬॥ ਛਕਾ ੧॥	ਛੇ ਸਬਦ ਇੱਕ ਛੱਕਾ। ਛੱਕਾ ਇੱਕ ਬੋਲੋ	Jan Naanak Saran Dhuaar Har Laaj Rakhaavehigae ||4||6||	Servant Nanak seeks the Sanctuary of the Door of the Lord, who protects his honor. ||4||6||	ਦਾਸ ਨਾਨਕ ਪ੍ਰਭੂ ਦੀ ਸਰਨ ਪਿਆ ਰਹਿੰਦਾ ਹੈ, ਪ੍ਰਭੂ ਦੇ ਦਰ ਤੇ (ਡਿੱਗਾ) ਰਹਿੰਦਾ ਹੈ। (ਪ੍ਰਭੂ ਜੀ ਦਰ ਪਏ ਦੀ) ਆਪ ਹੀ ਇੱਜ਼ਤ ਰੱਖਦੇ ਹਨ ॥੪॥੬॥ ਛਕਾ ੧ ॥
56527	1321	ਕਲਿਆਨੁ ਭੋਪਾਲੀ ਮਹਲਾ ੪		Kaliaan Bhopaalee Mehalaa 4	Kalyaan Bhopaalee, Fourth Mehl:	ਰਾਗ ਕਲਿਆਨੁ/ਭੋਪਾਲੀ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
56528	1321	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
56529	1321	ਪਾਰਬ੍ਰਹਮੁ ਪਰਮੇਸੁਰੁ ਸੁਆਮੀ ਦੂਖ ਨਿਵਾਰਣੁ ਨਾਰਾਇਣੇ॥		Paarabreham Paramaesur Suaamee Dhookh Nivaaran Naaraaeinae ||	O Supreme Lord God, Transcendent Lord and Master, Destroyer of pain, Transcendental Lord God.	ਹੇ ਨਾਰਾਇਣ! ਹੇ ਸੁਆਮੀ! ਤੂੰ (ਸਭ ਜੀਵਾਂ ਦੇ) ਦੁੱਖ ਦੂਰ ਕਰਨ ਵਾਲਾ ਪਾਰਬ੍ਰਹਮ ਪਰਮੇਸਰ ਹੈਂ।

56530	1321	ਸਗਲ ਭਗਤ ਜਾਚਹਿ ਸੁਖਸਾਗਰ ਭਵ ਨਿਧਿ ਤਰਣ ਹਰਿ ਚਿੰਤਾਮਣੇ॥੧॥ਰਹਾਉ ॥	(ਤਰਣ) ਜਹਾਜ਼। ਚਿੰਤਾ–ਮਣੇ	Sagal Bhagath Jaachehi Sukh Saagar Bhav Nidhh Tharan Har Chinthaamanae ||1|| Rehaao ||	All Your devotees beg of You. Ocean of peace, carry us across the terrifying world-ocean; You are the Wish-fulfilling Jewel. ||1||Pause||	ਹੇ ਹਰੀ! ਹੇ ਸਭ ਦੀ ਮਨੋ-ਕਾਮਨਾ ਪੂਰੀ ਕਰਨ ਵਾਲੇ! ਹੇ ਸੁਖਾਂ ਦੇ ਸਮੁੰਦਰ! ਹੇ ਸੰਸਾਰ-ਸਮੁੰਦਰ ਦੇ ਜਹਾਜ਼! ਸਾਰੇ ਹੀ ਭਗਤ (ਤੇਰੇ ਦਰ ਤੋਂ ਦਾਤਾਂ) ਮੰਗਦੇ ਰਹਿੰਦੇ ਹਨ ॥੧॥ ਰਹਾਉ ॥
56531	1321	ਦੀਨ ਦਇਆਲ ਜਗਦੀਸ ਦਮੋਦਰ ਹਰਿ ਅੰਤਰਜਾਮੀ ਗੋਬਿੰਦੇ॥		Dheen Dhaeiaal Jagadhees Dhamodhar Har Antharajaamee Gobindhae ||	Merciful to the meek and poor, Lord of the world, Support of the earth, Inner-knower, Searcher of hearts, Lord of the Universe.	ਹੇ ਦੀਨਾਂ ਉੱਤੇ ਦਇਆ ਕਰਨ ਵਾਲੇ! ਹੇ ਜਗਤ ਦੇ ਈਸ਼ੂਰ! ਹੇ ਦਮੋਦਰ! ਹੇ ਅੰਤਰਜਾਮੀ ਹਰੀ! ਹੇ ਗੋਬਿੰਦ!
56532	1321	ਤੇ ਨਿਰਭਉ ਜਿਨ ਸ੍ਰੀ ਰਾਮੁ ਧਿਆਇਆ ਗੁਰਮਤਿ ਮੁਰਾਰਿ ਹਰਿ ਮੁਕੰਦੇ॥੧॥		Thae Nirabho Jin Sreeraam Dhhiaaeiaa Guramath Muraar Har Mukandhae ||1||	Those who meditate on the Supreme Lord become fearless. Through the Wisdom of the Guru's Teachings, they meditate on the Lord, the Liberator Lord. ||1||	ਹੇ ਮੁਰਾਰੀ! ਹੇ ਮੁਕਤੀ ਦਾਤੇ ਹਰੀ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਮੱਤ ਲੈ ਕੇ (ਤੈਨੂੰ) ਸ੍ਰੀ ਰਾਮ ਨੂੰ ਸਿਮਰਿਆ, ਉਹਨਾਂ ਨੂੰ ਕੋਈ ਡਰ ਪੋਹ ਨਹੀਂ ਸਕਦਾ ॥੧॥

56533	1321	ਜਗਦੀਸੁਰ ਚਰਨ ਸਰਨ ਜੋ ਆਏ ਤੇ ਜਨ ਭਵ ਨਿਧਿ ਪਾਰਿ ਪਰੇ॥		Jagadheesur Charan Saran Jo Aaeae Thae Jan Bhav Nidhh Paar Parae ||	Those who come to Sanctuary at the Feet of the Lord of the Universe - those humble beings cross over the terrifying world-ocean.	ਜਿਹੜੇ ਮਨੁੱਖ ਜਗਤ ਦੇ ਮਾਲਕ ਦੇ ਚਰਨਾਂ ਦੀ ਸਰਨ ਵਿਚ ਆਉਂਦੇ ਹਨ, ਉਹ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ।
56534	1321	ਭਗਤ ਜਨਾ ਕੀ ਪੈਜ ਹਰਿ ਰਾਖੈ ਜਨ ਨਾਨਕ ਆਪਿ ਹਰਿ ਕ੍ਰਿਪਾ ਕਰੇ॥੨॥੧॥੭॥		Bhagath Janaa Kee Paij Har Raakhai Jan Naanak Aap Har Kirapaa Karae ||2||1||7||	The Lord preserves the honor of His humble devotees; O servant Nanak, the Lord Himself showers them with His Grace. ||2||1||7||	ਹੇ ਦਾਸ ਨਾਨਕ! ਪ੍ਰਭੂ ਆਪ ਮਿਹਰ ਕਰ ਕੇ ਆਪਣੇ ਭਗਤਾਂ ਦੀ ਲਾਜ ਰੱਖਦਾ ਹੈ ॥੨॥੧॥੭॥
56535	1321	ਰਾਗੁ ਕਲਿਆਨੁ ਮਹਲਾ ੫ ਘਰੁ ੧		Raag Kaliaan Mehalaa 5 Ghar 1	Raag Kalyaan, Fifth Mehl, First House:	ਰਾਗ ਕਲਿਆਨੁ, ਘਰ ੧ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
56536	1321	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
56537	1321	ਹਮਾਰੈ ਏਹ ਕਿਰਪਾ ਕੀਜੈ॥		Hamaarai Eaeh Kirapaa Keejai ||	Please grant me this blessing:	ਹੇ ਪ੍ਰਭੂ! ਮੇਰੇ ਉੱਤੇ ਇਹ ਮਿਹਰ ਕਰ-

56538	1321	ਅਲਿ ਮਕਰੰਦ ਚਰਨਕਮਲ ਸਿਉ ਮਨੁ ਫੇਰਿ ਫੇਰਿ ਰੀਝੈ॥੧॥ਰਹਾਉ॥	ਅਲਿ: ਪੋਲਾ ਬੋਲੋ	Al Makarandh Charan Kamal Sio Man Faer Faer Reejhai ||1|| Rehaao ||	May the bumble-bee of my mind be immersed again and again in the Honey of Your Lotus Feet. ||1||Pause||	ਕਿ (ਜਿਵੇਂ) ਭੌਰਾ ਫੁੱਲ ਦੇ ਰਸ ਨਾਲ ਰੀਝਿਆ ਰਹਿੰਦਾ ਹੈ, (ਤਿਵੇਂ ਮੇਰਾ ਮਨ) (ਤੇਰੇ) ਸੋਹਣੇ ਚਰਨਾਂ ਨਾਲ ਮੁੜ ਮੁੜ ਲਪਟਿਆ ਰਹੇ ॥੧॥ ਰਹਾਉ ॥
56539	1321	ਆਨ ਜਲਾ ਸਿਉ ਕਾਜੁ ਨ ਕਛੂਐ ਹਰਿ ਬੂੰਦ ਚਾਤ੍ਰਿਕ ਕਉ ਦੀਜੈ॥੧॥		Aan Jalaa Sio Kaaj N Kashhooai Har Boondh Chaathrik Ko Dheejai ||1||	I am not concerned with any other water; please bless this songbird with a Drop of Your Water, Lord. ||1||	ਹੇ ਪ੍ਰਭੂ! (ਜਿਵੇਂ) ਪਪੀਹੇ ਨੂੰ (ਵਰਖਾ ਦੀ ਬੂੰਦ ਤੋਂ ਬਿਨਾ) ਹੋਰ ਪਾਣੀਆਂ ਨਾਲ ਕੋਈ ਗ਼ਰਜ਼ ਨਹੀਂ ਹੁੰਦੀ, ਤਿਵੇਂ ਮੈਨੂੰ ਪਪੀਹੇ ਨੂੰ (ਆਪਣੇ ਨਾਮ ਅੰਮ੍ਰਿਤ ਦੀ) ਬੂੰਦ ਦੇਹ ॥੧॥
56540	1321	ਬਿਨੁ ਮਿਲਬੇ ਨਾਹੀ ਸੰਤੋਖਾ ਪੇਖਿ ਦਰਸਨੁ ਨਾਨਕੁ ਜੀਜੈ॥੨॥੧॥		Bin Milabae Naahee Santhokhaa Paekh Dharasan Naanak Jeejai ||2||1||	Unless I meet my Lord, I am not satisfied. Nanak lives, gazing upon the Blessed Vision of His Darshan. ||2||1||	ਹੇ ਪ੍ਰਭੂ! ਤੇਰੇ ਮਿਲਾਪ ਤੋਂ ਬਿਨਾ (ਮੇਰੇ ਅੰਦਰ) ਠੰਢ ਨਹੀਂ ਪੈਂਦੀ, (ਮਿਹਰ ਕਰ; ਤੇਰਾ ਦਾਸ) ਨਾਨਕ (ਤੇਰਾ) ਦਰਸਨ ਕਰ ਕੇ ਆਤਮਕ ਜੀਵਨ ਹਾਸਲ ਕਰਦਾ ਰਹੇ ॥੨॥੧॥
56541	1321	ਕਲ੍ਯਾਨ ਮਹਲਾ ੫॥		Kaliaan Mehalaa 5 ||	Kalyaan, Fifth Mehl:	
56542	1321	ਜਾਚਿਕੁ ਨਾਮੁ ਜਾਚੈ ਜਾਚੈ॥	ਕਲਿਆਨ	Jaachik Naam Jaachai Jaachai ||	This beggar begs and begs for Your Name, Lord.	(ਤੇਰੇ ਦਰ ਦਾ) ਮੰਗਤਾ (ਤੇਰੇ ਦਰ ਤੋਂ) ਨਿੱਤ ਮੰਗਦਾ ਰਹਿੰਦਾ ਹੈ,

56543	1321	ਸਰਬ ਧਾਰ ਸਰਬ ਕੇ ਨਾਇਕ ਸੁਖ ਸਮੂਹ ਕੇ ਦਾਤੇ॥੧॥ਰਹਾਉ॥		Sarab Dhhaar Sarab Kae Naaeik Sukh Samooh Kae Dhaathae ||1|| Rehaao ||	You are the Support of all, the Master of all, the Giver of absolute peace. ||1||Pause||	ਹੇ ਸਭ ਜੀਵਾਂ ਦੇ ਆਸਰੇ ਪ੍ਰਭੂ! ਹੇ ਸਭ ਜੀਵਾਂ ਦੇ ਮਾਲਕ! ਹੇ ਸਾਰੇ ਸੁਖਾਂ ਦੇ ਦੇਣ ਵਾਲੇ! (ਸਾਰਾ ਜਗਤ ਤੇਰੇ ਅੱਗੇ ਭਿਖਾਰੀ ਹੈ) ॥੧॥ ਰਹਾਉ ॥
56544	1321	ਕੇਤੀ ਕੇਤੀ ਮਾਂਗਨਿ ਮਾਗੈ ਭਾਵਨੀਆ ਸੋ ਪਾਈਐ॥੧॥		Kaethee Kaethee Maangan Maagai Bhaavaneeaa So Paaeeai ||1||	So many, so very many, beg for charity at Your Door; they receive only what You are pleased to give. ||1||	ਬੇਅੰਤ ਲੁਕਾਈ (ਪ੍ਰਭੂ ਦੇ ਦਰ ਤੋਂ) ਹਰੇਕ ਮੰਗ ਮੰਗਦੀ ਰਹਿੰਦੀ ਹੈ, ਜਿਹੜੀ ਭੀ ਮਨ ਦੀ ਮੁਰਾਦ ਹੁੰਦੀ ਹੈ ਉਹ ਹਾਸਲ ਕਰ ਲਈਦੀ ਹੈ ॥੧॥
56545	1321	ਸਫਲ ਸਫਲ ਸਫਲ ਦਰਸੁ ਰੇ ਪਰਸਿ ਪਰਸਿ ਗੁਨ ਗਾਈਐ॥		Safal Safal Safal Dharas Rae Paras Paras Gun Gaaeeai ||	Fruitful, fruitful, fruitful is the Blessed Vision of His Darshan; touching His Touch, I sing His Glorious Praises.	ਹੇ ਭਾਈ! ਪ੍ਰਭੂ ਐਸਾ ਹੈ ਜਿਸ ਦਾ ਦਰਸਨ ਸਾਰੇ ਹੀ ਫਲ ਦੇਣ ਵਾਲਾ ਹੈ। ਆਓ ਉਸ ਦੇ ਚਰਨ ਸਦਾ ਛੁਹ ਛੁਹ ਕੇ ਉਸ ਦੇ ਗੁਣ ਗਾਂਦੇ ਰਹੀਏ।
56546	1321	ਨਾਨਕ ਤਤ ਤਤ ਸਿਉ ਮਿਲੀਐ ਹੀਰੈ ਹੀਰੁ ਬਿਧਾਈਐ॥੨॥੨॥		Naanak Thath Thath Sio Mileeai Heerai Heer Bidhhaaeeai ||2||2||	O Nanak, one's essence is blended into the Essence; the diamond of the mind is pierced through by the Diamond of the Lord. ||2||2||	ਹੇ ਨਾਨਕ! (ਜਿਵੇਂ ਪਾਣੀ ਆਦਿਕ) ਤੱਤ (ਪਾਣੀ) ਤੱਤ ਨਾਲ ਮਿਲ ਜਾਂਦਾ ਹੈ (ਤਿਵੇਂ ਗੁਣ ਗਾਵਣ ਦੀ ਬਰਕਤਿ ਨਾਲ) ਮਨ-ਹੀਰਾ ਪ੍ਰਭੂ-ਹੀਰੇ ਨਾਲ ਵਿੰਨ੍ਹ ਲਈਦਾ ਹੈ ॥੨॥੨॥
56547	1322	ਕਲਿਆਨ ਮਹਲਾ ੫॥		Kaliaan Mehalaa 5 ||	Kalyaan, Fifth Mehl:	

56548	1322	ਮੇਰੇ ਲਾਲਨ ਕੀ ਸੋਭਾ॥		Maerae Laalan Kee Sobhaa ||	O, the Wondrous Glory of my Beloved!	ਮੇਰੇ ਸੋਹਣੇ ਪ੍ਰਭੂ ਦੀ ਸੋਭਾ-ਵਡਿਆਈ-
56549	1322	ਸਦ ਨਵਤਨ ਮਨ ਰੰਗੀ ਸੋਭਾ॥੧॥ਰਹਾਉ॥		Sadh Navathan Man Rangee Sobhaa ||1|| Rehaao ||	My mind is rejuvenated forever by His Wondrous Love. ||1||Pause||	ਸਦਾ ਹੀ ਨਵੀਂ (ਰਹਿੰਦੀ ਹੈ, ਖਿੱਚ ਪਾਂਦੀ ਰਹਿੰਦੀ ਹੈ, ਅਤੇ) ਸਦਾ ਹੀ ਮਨ ਨੂੰ (ਪਿਆਰ ਦਾ) ਰੰਗ ਚਾੜ੍ਹਦੀ ਰਹਿੰਦੀ ਹੈ ॥੧॥ ਰਹਾਉ ॥
56550	1322	ਬ੍ਰਹਮ ਮਹੇਸ ਸਿਧ ਮੁਨਿ ਇੰਦ੍ਰਾ ਭਗਤਿ ਦਾਨੁ ਜਸੁ ਮੰਗੀ॥੧॥		Breham Mehaes Sidhh Mun Eindhraa Bhagath Dhaan Jas Mangee ||1||	Brahma, Shiva, the Siddhas, the silent sages and Indra beg for the charity of His Praise and devotion to Him. ||1||	ਬ੍ਰਹਮਾ, ਸ਼ਿਵ, ਸਿੱਧ, ਮੁਨੀ, ਇੰਦ੍ਰ, (ਆਦਿਕ ਦੇਵਤੇ)-ਇਹ ਸਾਰੇ (ਪ੍ਰਭੂ ਦੇ ਦਰ ਤੋਂ ਉਸ ਦੀ) ਭਗਤੀ ਦਾ ਦਾਨ ਮੰਗਦੇ ਹਨ, ਉਸ ਦੀ ਸਿਫ਼ਤ-ਸਾਲਾਹ ਦੀ ਦਾਤ ਮੰਗਦੇ ਰਹਿੰਦੇ ਹਨ ॥੧॥
56551	1322	ਜੋਗ ਗਿਆਨ ਧਿਆਨ ਸੇਖਨਾਗੈ ਸਗਲ ਜਪਹਿ ਤਰੰਗੀ॥	ਪ੍ਰੇਮ ਦੀਆਂ ਤਰੰਗੀ ਲਹਿਰਾਂ ਨਾਲ	Jog Giaan Dhhiaan Saekhanaagai Sagal Japehi Tharangee ||	Yogis, spiritual teachers, meditators and the thousand-headed serpent all meditate on the Waves of God.	ਜੋਗੀ, ਗਿਆਨੀ, ਧਿਆਨੀ, ਸ਼ੇਸ਼ਨਾਗ (ਆਦਿਕ ਇਹ) ਸਾਰੇ ਉਸ ਅਨੇਕਾਂ ਚੋਜਾਂ ਦੇ ਮਾਲਕ-ਪ੍ਰਭੂ ਦਾ ਨਾਮ ਜਪਦੇ ਰਹਿੰਦੇ ਹਨ।
56552	1322	ਕਹੁ ਨਾਨਕ ਸੰਤਨ ਬਲਿਹਾਰੈ ਜੋ ਪ੍ਰਭ ਕੇ ਸਦ ਸੰਗੀ॥੨॥੩॥		Kahu Naanak Santhan Balihaarai Jo Prabh Kae Sadh Sangee ||2||3||	Says Nanak, I am a sacrifice to the Saints, who are the Eternal Companions of God. ||2||3||	ਨਾਨਕ ਆਖਦਾ ਹੈ- ਮੈਂ ਉਹਨਾਂ ਸੰਤ ਜਨਾਂ ਤੋਂ ਕੁਰਬਾਨ ਜਾਂਦਾ ਹਾਂ, ਜਿਹੜੇ ਪਰਮਾਤਮਾ ਦੇ ਸਦਾ ਸਾਥੀ ਬਣੇ ਰਹਿੰਦੇ ਹਨ ॥੨॥੩॥

56553	1322	ਕਲਿਆਨ ਮਹਲਾ ੫ ਘਰੁ ੨		Kaliaan Mehalaa 5 Ghar 2	Kalyaan, Fifth Mehl, Second House:	ਰਾਗ ਕਲਿਆਨੁ, ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
56554	1322	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
56555	1322	ਤੇਰੈ ਮਾਨਿ ਹਰਿ ਹਰਿ ਮਾਨਿ॥		Thaerai Maan Har Har Maan ||	Belief in You, Lord, brings honor.	ਹੇ ਹਰੀ! ਤੇਰੇ (ਬਖ਼ਸ਼ੇ) ਪਿਆਰ ਦੀ ਬਰਕਤਿ ਨਾਲ, ਹੇ ਹਰੀ! ਤੇਰੇ ਦਿੱਤੇ ਪ੍ਰੇਮ ਦੀ ਰਾਹੀਂ;
56556	1322	ਨੈਨ ਬੈਨ ਸ੍ਰਵਨ ਸੁਨੀਐ ਅੰਗ ਅੰਗੇ ਸੁਖ ਪ੍ਰਾਨਿ॥੧॥ਰਹਾਉ॥		Nain Bain Sravan Suneeai Ang Angae Sukh Praan ||1|| Rehaao ||	To see with my eyes, and hear with my ears - every limb and fiber of my being, and my breath of life are in bliss. ||1||Pause||	ਅੱਖਾਂ ਨਾਲ (ਤੇਰਾ ਦਰਸਨ ਹਰ ਥਾਂ ਕਰੀਦਾ ਹੈ) ਬਚਨਾਂ ਨਾਲ (ਤੇਰੀ ਸਿਫ਼ਤ-ਸਾਲਾਹ ਕਰੀਦੀ ਹੈ) ਕੰਨਾਂ ਨਾਲ (ਤੇਰੀ ਸਿਫ਼ਤ-ਸਾਲਾਹ) ਸੁਣੀਦੀ ਹੈ, ਹਰੇਕ ਅੰਗ ਵਿਚ ਹਰੇਕ ਸਾਹ ਦੇ ਨਾਲ ਆਨੰਦ (ਪ੍ਰਾਪਤ ਹੁੰਦਾ ਹੈ) ॥੧॥ ਰਹਾਉ ॥
56557	1322	ਇਤ ਉਤ ਦਹ ਦਿਸਿ ਰਵਿਓ ਮੇਰ ਤਿਨਹਿ ਸਮਾਨਿ॥੧॥	(ਮੇਰ) ਸੁਮੇਰ ਪਰਬਤ। (ਤਿਨਹਿ) ਕੱਖ	Eith Outh Dheh Dhis Raviou Maer Thinehi Samaan ||1||	Here and there, and in the ten directions You are pervading, in the mountain and the blade of grass. ||1||	(ਪ੍ਰਭੂ ਤੋਂ ਮਿਲੇ ਪਿਆਰ ਦੀ ਬਰਕਤਿ ਨਾਲ ਉਹ ਪ੍ਰਭੂ) ਹਰ ਥਾਂ ਦਸੀਂ ਪਾਸੀਂ ਵਿਆਪਕ ਦਿੱਸ ਪੈਂਦਾ ਹੈ, ਸੁਮੇਰ ਪਰਬਤ ਅਤੇ ਤੀਲੇ ਵਿਚ ਇਕੋ ਜਿਹਾ ॥੧॥

56558	1322	ਜਤ ਕਤਾ ਤਤ ਪੇਖੀਐ ਹਰਿ ਪੁਰਖ ਪਤਿ ਪਰਧਾਨ॥		Jath Kathaa Thath Paekheeai Har Purakh Path Paradhhaan ||	Wherever I look, I see the Lord, the Supreme Lord, the Primal Being.	ਉਹ ਪਰਧਾਨ ਪੁਰਖ ਉਹ ਸਾਰੇ ਜੀਵਾਂ ਦਾ ਮਾਲਕ ਹਰੀ ਹਰ ਥਾਂ ਵੱਸਦਾ ਦਿੱਸਣ ਲੱਗ ਪੈਂਦਾ ਹੈ।
56559	1322	ਸਾਧਸੰਗਿ ਭ੍ਰਮ ਭੈ ਮਿਟੇ ਕਥੇ ਨਾਨਕ ਬ੍ਰਹਮਗਿਆਨ॥੨॥੧॥੪॥		Saadhhasang Bhram Bhai Mittae Kathhae Naanak Breham Giaan ||2||1||4||	In the Saadh Sangat, the Company of the Holy, doubt and fear are dispelled. Nanak speaks the Wisdom of God. ||2||1||4||	ਹੇ ਨਾਨਕ! ਸਾਧ ਸੰਗਤ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤਿਆਂ ਸਾਰੇ ਭਰਮ ਸਾਰੇ ਡਰ ਮਿਟ ਜਾਂਦੇ ਹਨ ॥੨॥੧॥੪॥
56560	1322	ਕਲਿਆਨ ਮਹਲਾ ੫॥		Kaliaan Mehalaa 5 ||	Kalyaan, Fifth Mehl:	
56561	1322	ਗੁਨ ਨਾਦ ਧੁਨਿ ਅਨੰਦ ਬੇਦ॥		Gun Naadh Dhhun Anandh Baedh ||	The Glory of God is the Sound-current of the Naad, the Celestial Music of Bliss, and the Wisdom of the Vedas.	(ਪਰਮਾਤਮਾ ਦੇ) ਗੁਣ (ਗਾਵਣੇ, ਜੋਗੀਆਂ ਦੇ) ਨਾਦ (ਵਜਾਣੇ ਹਨ), (ਪ੍ਰਭੂ ਦੇ ਗੁਣ ਗਾਵਣ ਤੋਂ ਪੈਦਾ ਹੋਈ) ਆਨੰਦ ਦੀ ਰੌ (ਹੀ) ਵੇਦ ਹਨ।
56562	1322	ਕਥਤ ਸੁਨਤ ਮੁਨਿ ਜਨਾ ਮਿਲਿ ਸੰਤ ਮੰਡਲੀ॥੧॥ਰਹਾਉ॥		Kathhath Sunath Mun Janaa Mil Santh Manddalee ||1|| Rehaao ||	Speaking and listening, the silent sages and humble beings join together, in the Realm of the Saints. ||1||Pause||	ਉਹ ਸੇਵਕ ਜਿਨ੍ਹਾਂ ਨੇ ਆਪਣੇ ਮਨ ਨੂੰ ਵਿਕਾਰਾਂ ਵਲੋਂ ਚੁੱਪ ਕਰਾ ਲਿਆ ਹੁੰਦਾ ਹੈ ਸਾਧ ਸੰਗਤ ਵਿਚ ਮਿਲ ਕੇ ਇਹੀ ਗੁਣ ਗਾਂਦੇ ਹਨ ਅਤੇ ਸੁਣਦੇ ਹਨ ॥੧॥ ਰਹਾਉ ॥

56563	1322	ਗਿਆਨ ਧਿਆਨ ਮਾਨ ਦਾਨ ਮਨ ਰਸਿਕ ਰਸਨ ਨਾਮੁ ਜਪਤ ਤਹ ਪਾਪ ਖੰਡਲੀ॥੧॥		Giaan Dhhiaan Maan Dhaan Man Rasik Rasan Naam Japath Theh Paap Khanddalee ||1||	Spiritual wisdom, meditation, faith and charity are there; their minds savor the Taste of the Naam, the Name of the Lord. Chanting it, sins are destroyed. ||1||	(ਸਾਧ ਸੰਗਤ ਵਿਚ ਜਿੱਥੇ) ਆਤਮਕ ਜੀਵਨ ਦੀ ਸੂਝ ਪ੍ਰਾਪਤ ਹੁੰਦੀ ਹੈ, ਜਿੱਥੇ ਪ੍ਰਭੂ-ਚਰਨਾਂ ਵਿਚ ਸੁਰਤ ਜੁੜਦੀ ਹੈ, ਜਿਥੇ ਹਰਿ-ਨਾਮ ਨਾਲ ਪਿਆਰ ਬਣਦਾ ਹੈ, ਜਿੱਥੇ ਹਰਿ-ਨਾਮ ਹੋਰਨਾਂ ਨੂੰ ਵੰਡਿਆ ਜਾਂਦਾ ਹੈ, ਉੱਥੇ ਰਸੀਏ ਮਨ (ਆਪਣੀ) ਜੀਭ ਨਾਲ ਨਾਮ ਜਪਦੇ ਹਨ, ਉੱਥੇ ਸਾਰੇ ਪਾਪ ਨਾਸ ਹੋ ਜਾਂਦੇ ਹਨ ॥੧॥
56564	1322	ਜੋਗ ਜੁਗਤਿ ਗਿਆਨ ਭੁਗਤਿ ਸੁਰਤਿ ਸਬਦ ਤਤ ਬੇਤੇ ਜਪੁ ਤਪੁ ਅਖੰਡਲੀ ॥	(ਬੇਤੇ) ਬ੍ਰਹਮਗਿਆਨੀ। (ਅਖੰਡਲੀ) ਇਕ ਰਸ	Jog Jugath Giaan Bhugath Surath Sabadh Thath Baethae Jap Thap Akhanddalee ||	This is the technology of Yoga, spiritual wisdom, devotion, intuitive knowledge of the Shabad, certain knowledge of the Essence of Reality, chanting and unbroken intensive meditation.	ਪ੍ਰਭੂ ਨਾਲ ਮਿਲਾਪ ਦੀ ਜੁਗਤਿ ਦੇ ਭੇਤ ਨੂੰ ਜਾਣਨ ਵਾਲੇ, ਆਤਮਕ ਜੀਵਨ ਦੀ ਸੂਝ-ਰੂਪ ਆਤਮਕ ਖ਼ੁਰਾਕ ਦੇ ਭੇਤ ਨੂੰ ਜਾਣਨ ਵਾਲੇ, ਗੁਰੂ ਦੇ ਸ਼ਬਦ ਦੀ ਲਗਨ ਦੇ ਭੇਤ ਨੂੰ ਜਾਣਨ ਵਾਲੇ ਮਨੁੱਖ (ਸਾਧ ਸੰਗਤ ਵਿਚ ਟਿਕ ਕੇ ਇਹੀ ਨਾਮ-ਸਿਮਰਨ ਦਾ) ਜਪ ਅਤੇ ਤਪ ਸਦਾ ਕਰਦੇ ਹਨ।
56565	1322	ਓਤਿ ਪੋਤਿ ਮਿਲਿ ਜੋਤਿ ਨਾਨਕ ਕਛੂ ਦੁਖੁ ਨ ਡੰਡਲੀ॥੨॥੨॥੫॥		Outh Poth Mil Joth Naanak Kashhoo Dhukh N Ddanddalee ||2||2||5||	Through and through, O Nanak, merging into the Light, you shall never again suffer pain and punishment. ||2||2||5||	ਹੇ ਨਾਨਕ! ਉਹ ਮਨੁੱਖ ਰੱਬੀ ਜੋਤਿ ਨਾਲ ਮਿਲ ਕੇ ਤਾਣੇ ਪੇਟੇ ਵਾਂਗ (ਉਸ ਨਾਲ) ਇੱਕ-ਰੂਪ ਹੋ ਜਾਂਦੇ ਹਨ, (ਉਹਨਾਂ ਨੂੰ) ਕੋਈ ਭੀ ਦੁੱਖ ਦੁਖੀ ਨਹੀਂ ਕਰ ਸਕਦਾ ॥੨॥੨॥੫॥

56566	1322	ਕਲਿਆਨੁ ਮਹਲਾ ੫॥		Kaliaan Mehalaa 5 ||	Kalyaan, Fifth Mehl:	
56567	1322	ਕਉਨੁ ਬਿਧਿ ਤਾ ਕੀ ਕਹਾ ਕਰਉ॥	ਬਿਧਿ: ਪੋਲਾ ਬੋਲੋ	Koun Bidhh Thaa Kee Kehaa Karo ||	What should I do, and how should I do it?	(ਵਿਕਾਰਾਂ ਤੋਂ ਖ਼ਲਾਸੀ ਪਰਮਾਤਮਾ ਦੇ ਨਾਮ-ਰਸ ਦੀ ਬਰਕਤਿ ਨਾਲ ਹੀ ਹੋ ਸਕਦੀ ਹੈ। ਸੋ,) ਉਸ (ਪਰਮਾਤਮਾ ਦੇ ਮਿਲਾਪ) ਦਾ ਮੈਂ ਕਿਹੜਾ ਤਰੀਕਾ ਵਰਤਾਂ, ਮੈਂ ਕਿਹੜਾ ਉੱਦਮ ਕਰਾਂ?

56568	1322	ਧਰਤ ਧਿਆਨੁ ਗਿਆਨੁ ਸਸਤ੍ਰਗਿਆ ਅਜਰ ਪਦੁ ਕੈਸੇ ਜਰਉ॥੧॥ਰਹਾਉ॥	(ਅ-ਜਰ) ਸਵਾ ਸਵਾ ਮਣ ਪੀਸਣ ਪੀਸੇ, ਚੜਖੜੀਆਂ ਚੜ੍ਹੇ, ਬੰਦ ਬੰਦ ਕਟਾਏ, ਪੁੱਠੀਆਂ ਖੱਲਾਂ ਲੁਹਾਈਆਂ, ਰੂੰ ਚ ਲਪੇਟ ਸਾੜੇ ਗਏ, ਬੱਚਿਆਂ ਦੇ ਟੋਟੇ ਟੋਟੇ ਕਰਾਕੇ ਝੋਲ੍ਹੀਆਂ ਪੁਆਏ ਆਦਿ। ਦੁੱਖ ਭੁੱਖ ਮਾਰ ਕਸ਼ਟ ਸਹਾਰਦਿਆਂ ਵਾਹਿਗੁਰੂ ਜੀ ਦੀ ਦਾਤਿ ਸਮਝ ਕੇ ਭਾਣੇ ਚ ਪ੍ਰਸੰਨ ਰਹੇ। ਸਤਿਗੁਰੂ ਸਾਹਿਬਾਨ ਜੀ ਦੇ ਸੱਚੇ ਚਰਨ-ਕਮਲਾਂ ਦਾ ਪ੍ਰੇਮ ਨਹੀਂ ਛੱਡਿਆ। ਕਾਮ, ਕ੍ਰੋਧ, ਮੋਹ, ਹੰਕਾਰ, ਲੋਭ, ਮਾਣ, ਸੁਆਦ, ਪਦਾਰਥ, ਵਡਿਆਈ, ਸਿਰ ਤੇ ਆਏ ਕਸ਼ਟ ਜਰ ਲੈਣੇ ਅ-ਜਰ ਪਦੁ ਹੈ, ਇਸ ਪਦੁ ਨੂੰ ਕਿਸ ਤਰ੍ਹਾਂ (ਜਰਉ) ਸਹਾਰਨਗੇ,	Dhharath Dhhiaan Giaan Sasathragiaa Ajar Padh Kaisae Jaro ||1|| Rehaao ||	Should I center myself in meditation, or study the spiritual wisdom of the Shaastras? How can I endure this unendurable state? ||1||Pause||	(ਅਨੇਕਾਂ ਐਸੇ ਹਨ ਜੋ) ਸਮਾਧੀਆਂ ਲਾਂਦੇ ਹਨ, (ਅਨੇਕਾਂ ਐਸੇ ਹਨ ਜੋ) ਸ਼ਾਸਤ੍ਰ-ਵੇੱਤਾ ਸ਼ਾਸਤ੍ਰਾਰਥ ਕਰਦੇ ਰਹਿੰਦੇ ਹਨ (ਪਰ ਇਹਨਾਂ ਤਰੀਕਿਆਂ ਨਾਲ ਵਿਕਾਰਾਂ ਤੋਂ ਮੁਕਤੀ ਨਹੀਂ ਮਿਲਦੀ। ਵਿਕਾਰਾਂ ਦਾ ਦਬਾਉ ਪਿਆ ਹੀ ਰਹਿੰਦਾ ਹੈ, ਤੇ, ਇਹ) ਇਕ ਅਜਿਹੀ (ਨਿਘਰੀ ਹੋਈ) ਆਤਮਕ ਅਵਸਥਾ ਹੈ ਜੋ (ਹੁਣ) ਸਹਾਰੀ ਨਹੀਂ ਜਾ ਸਕਦੀ। ਮੈਂ ਇਸ ਨੂੰ ਸਹਾਰ ਨਹੀਂ ਸਕਦਾ (ਮੈਂ ਇਸ ਨੂੰ ਆਪਣੇ ਅੰਦਰ ਕਾਇਮ ਨਹੀਂ ਰਹਿਣ ਦੇ ਸਕਦਾ) ॥੧॥ ਰਹਾਉ ॥

56569	1322	ਬਿਸਨ ਮਹੇਸ ਸਿਧ ਮੁਨਿ ਇੰਦ੍ਰਾ ਕੈ ਦਰਿ ਸਰਨਿ ਪਰਉ॥੧॥		Bisan Mehaes Sidhh Mun Eindhraa Kai Dhar Saran Paro ||1||	Vishnu, Shiva, the Siddhas, the silent sages and Indra - at whose door should I seek sanctuary? ||1||	ਵਿਸ਼ਨੂੰ, ਸ਼ਿਵ, ਸਿੱਧ, ਮੁਨੀ, ਇੰਦਰ ਦੇਵਤਾ (ਅਨੇਕਾਂ ਸੁਣੀਦੇ ਹਨ ਵਰ ਦੇਣ ਵਾਲੇ। ਪਰ ਵਿਕਾਰਾਂ ਤੋਂ ਮੁਕਤੀ ਹਾਸਲ ਕਰਨ ਲਈ ਇਹਨਾਂ ਵਿਚੋਂ) ਮੈਂ ਕਿਸ ਦੇ ਦਰ ਤੇ ਜਾਵਾਂ? ਮੈਂ ਕਿਸ ਦੀ ਸਰਨ ਪਵਾਂ? ॥੧॥
56570	1322	ਕਾਹੂ ਪਹਿ ਰਾਜੁ ਕਾਹੂ ਪਹਿ ਸੁਰਗਾ ਕੋਟਿ ਮਧੇ ਮੁਕਤਿ ਕਹਉ॥		Kaahoo Pehi Raaj Kaahoo Pehi Suragaa Kott Madhhae Mukath Keho ||	Some have power and influence, and some are blessed with heavenly paradise, but out of millions, will anyone find liberation?	ਕਿਸੇ ਪਾਸ ਰਾਜ (ਦੇਣ ਦੀ ਤਾਕਤ ਸੁਣੀਦੀ) ਹੈ, ਕਿਸੇ ਪਾਸ ਸੁਰਗ (ਦੇਣ ਦੀ ਸਮਰਥਾ ਸੁਣੀ ਜਾ ਰਹੀ) ਹੈ। ਪਰ ਕ੍ਰੋੜਾਂ ਵਿਚੋਂ ਕੋਈ ਵਿਰਲਾ ਹੀ (ਐਸਾ ਹੋ ਸਕਦਾ ਹੈ, ਜਿਸ ਪਾਸ ਜਾ ਕੇ) ਮੈਂ (ਇਹ) ਆਖਾਂ (ਕਿ) ਵਿਕਾਰਾਂ ਤੋਂ ਖ਼ਲਾਸੀ (ਮਿਲ ਜਾਏ)।
56571	1322	ਕਹੁ ਨਾਨਕ ਨਾਮ ਰਸੁ ਪਾਈਐ ਸਾਧੂ ਚਰਨ ਗਹਉ॥੨॥੩॥੬॥		Kahu Naanak Naam Ras Paaeeai Saadhhoo Charan Geho ||2||3||6||	Says Nanak, I have attained the Sublime Essence of the Naam, the Name of the Lord. I touch the feet of the Holy. ||2||3||6||	ਨਾਨਕ ਆਖਦਾ ਹੈ- (ਮੁਕਤੀ ਹਰਿ-ਨਾਮ ਤੋਂ ਹੀ ਮਿਲਦੀ ਹੈ, ਤੇ) ਨਾਮ ਦਾ ਸੁਆਦ (ਤਦੋਂ ਹੀ) ਮਿਲ ਸਕਦਾ ਹੈ (ਜਦੋਂ) ਮੈਂ ਗੁਰੂ ਦੇ ਚਰਨ (ਜਾ) ਫੜਾਂ ॥੨॥੩॥੬॥
56572	1322	ਕਲਿਆਨ ਮਹਲਾ ੫॥		Kaliaan Mehalaa 5 ||	Kalyaan, Fifth Mehl:	

56573	1322	ਪ੍ਰਾਨਪਤਿ ਦਇਆਲ ਪੁਰਖ ਪ੍ਰਭ ਸਖੇ॥		Praanapath Dhaeiaal Purakh Prabh Sakhae ||	The Lord of the Breath of Life, the Merciful Primal Lord God, is my Friend.	ਹੇ (ਜੀਵਾਂ ਦੀ) ਜਿੰਦ ਦੇ ਮਾਲਕ! ਹੇ ਦਇਆ ਦੇ ਘਰ ਪੁਰਖ ਪ੍ਰਭੂ! ਹੇ ਮਿੱਤਰ!
56574	1322	ਗਰਭ ਜੋਨਿ ਕਲਿ ਕਾਲ ਜਾਲ ਦੁਖ ਬਿਨਾਸਨੁ ਹਰਿ ਰਖੇ॥੧॥ਰਹਾਉ॥		Garabh Jon Kal Kaal Jaal Dhukh Binaasan Har Rakhae ||1|| Rehaao ||	The Lord saves us from the womb of reincarnation and the noose of death in this Dark Age of Kali Yuga; He takes away our pain. ||1||Pause||	ਹੇ ਹਰੀ! ਤੂੰ ਹੀ ਗਰਭ-ਜੋਨਿ ਦਾ ਨਾਸ ਕਰਨ ਵਾਲਾ ਹੈਂ (ਜੂਨਾਂ ਦੇ ਗੇੜ ਵਿਚੋਂ ਕੱਢਣ ਵਾਲਾ ਹੈਂ), ਤੂੰ ਹੀ ਝਗੜੇ ਕਲੇਸ਼ਾਂ ਦਾ ਨਾਸ ਕਰਨ ਵਾਲਾ ਹੈਂ, ਤੂੰ ਹੀ ਆਤਮਕ ਮੌਤ ਲਿਆਉਣ ਵਾਲੀਆਂ ਮੋਹ ਦੀਆਂ ਫਾਹੀਆਂ ਕੱਟਣ ਵਾਲਾ ਹੈਂ, ਤੂੰ ਹੀ ਦੁੱਖਾਂ ਦਾ ਨਾਸ ਕਰਨ ਵਾਲਾ ਹੈਂ, ਤੂੰ ਹੀ ਰਾਖਾ ਹੈਂ ॥੧॥ ਰਹਾਉ ॥
56575	1322	ਨਾਮ ਧਾਰੀ ਸਰਨਿ ਤੇਰੀ॥		Naam Dhhaaree Saran Thaeree ||	I enshrine the Naam, the Name of the Lord, within; I seek Your Sanctuary, Lord.	(ਹੇ ਪ੍ਰਭੂ) ਮੈਂ ਤੇਰੀ ਸਰਨ ਆਇਆ ਹਾਂ, (ਮਿਹਰ ਕਰ, ਮੈਂ ਤੇਰਾ) ਨਾਮ (ਆਪਣੇ ਅੰਦਰ) ਵਸਾਈ ਰੱਖਾਂ,
56576	1322	ਪ੍ਰਭ ਦਇਆਲ ਟੇਕ ਮੇਰੀ॥੧॥		Prabh Dhaeiaal Ttaek Maeree ||1||	O Merciful Lord God, You are my only Support. ||1||	ਹੇ ਦਇਆਲ ਪ੍ਰਭੂ! ਮੈਨੂੰ ਇਕ ਤੇਰਾ ਹੀ ਸਹਾਰਾ ਹੈ ॥੧॥
56577	1322	ਅਨਾਥ ਦੀਨ ਆਸਵੰਤ॥		Anaathh Dheen Aasavanth ||	You are the only Hope of the helpless, the meek and the poor.	ਨਿਮਾਣੇ ਤੇ ਗਰੀਬ (ਇਕ ਤੇਰੀ ਹੀ ਸਹਾਇਤਾ ਦੀ) ਆਸ ਰੱਖਦੇ ਹਨ।

56578	1322	ਨਾਮੁ ਸੁਆਮੀ ਮਨਹਿ ਮੰਤ॥੨॥		Naam Suaamee Manehi Manth ||2||	Your Name, O my Lord and Master, is the Mantra of the mind. ||2||	ਹੇ ਸੁਆਮੀ! (ਮਿਹਰ ਕਰ, ਤੇਰਾ) ਨਾਮ-ਮੰਤ੍ਰ (ਮੇਰੇ) ਮਨ ਵਿਚ (ਟਿਕਿਆ ਰਹੇ) ॥੨॥
56579	1322	ਤੁਝ ਬਿਨਾ ਪ੍ਰਭ ਕਿਛੂ ਨ ਜਾਨੂ॥		Thujh Binaa Prabh Kishhoo N Jaanoo ||	I know of nothing except You, God.	ਹੇ ਪ੍ਰਭੂ! ਤੇਰੀ ਸਰਨ ਪਏ ਰਹਿਣ ਤੋਂ ਬਿਨਾ ਮੈਂ ਹੋਰ ਕੁਝ ਭੀ ਨਹੀਂ ਜਾਣਦਾ।
56580	1322	ਸਰਬ ਜੁਗ ਮਹਿ ਤੁਮ ਪਛਾਨੂ॥੩॥		Sarab Jug Mehi Thum Pashhaanoo ||3||	Throughout all the ages, I realize You. ||3||	ਸਾਰੇ ਜੁਗਾਂ ਵਿਚ ਤੂੰ ਹੀ (ਅਸਾਂ ਜੀਵਾਂ ਦਾ) ਮਿੱਤਰ ਹੈਂ ॥੩॥
56581	1322	ਹਰਿ ਮਨਿ ਬਸੇ ਨਿਸਿ ਬਾਸਰੋ॥		Har Man Basae Nis Baasaro ||	O Lord, You dwell in my mind night and day.	ਹੇ ਹਰੀ! ਦਿਨ ਰਾਤ (ਮੇਰੇ) ਮਨ ਵਿਚ ਟਿਕਿਆ ਰਹੁ।
56582	1322	ਗੋਬਿੰਦ ਨਾਨਕ ਆਸਰੋ॥੪॥੪॥੭॥		Gobindh Naanak Aasaro ||4||4||7||	The Lord of the Universe is Nanak's only Support. ||4||4||7||	ਹੇ ਗੋਬਿੰਦ! ਤੂੰ ਹੀ ਨਾਨਕ ਦਾ ਆਸਰਾ ਹੈਂ ॥੪॥੪॥੭॥
56583	1322	ਕਲਿਆਨ ਮਹਲਾ ੫॥		Kaliaan Mehalaa 5 ||	Kalyaan, Fifth Mehl:	
56584	1322	ਮਨਿ ਤਨਿ ਜਾਪੀਐ ਭਗਵਾਨ॥		Man Than Jaapeeai Bhagavaan ||	Within my mind and body I meditate on the Lord God.	ਮਨ ਵਿਚ ਹਿਰਦੇ ਵਿਚ (ਸਦਾ) ਭਗਵਾਨ (ਦਾ ਨਾਮ) ਜਪਦੇ ਰਹਿਣਾ ਚਾਹੀਦਾ ਹੈ।

56585	1322	ਗੁਰ ਪੂਰੇ ਸੁਪ੍ਰਸੰਨ ਭਏ ਸਦਾ ਸੂਖ ਕਲਿਆਨ॥੧॥ਰਹਾਉ॥	ਸੁਪ੍ਰਸੰਨ	Gur Poorae Suprasann Bheae Sadhaa Sookh Kaliaan ||1|| Rehaao ||	The Perfect Guru is pleased and satisfied; I am blessed with eternal peace and happiness. ||1||Pause||	(ਜਿਸ ਮਨੁੱਖ ਉੱਤੇ) ਪੂਰੇ ਸਤਿਗੁਰੂ ਜੀ ਦਇਆਲ ਹੁੰਦੇ ਹਨ (ਉਹ ਮਨੁੱਖ ਭਗਵਾਨ ਦਾ ਨਾਮ ਜਪਦਾ ਹੈ, ਜਿਸ ਦੀ ਬਰਕਤਿ ਨਾਲ ਉਸ ਦੇ ਅੰਦਰ) ਸਦਾ ਸੁਖ ਆਨੰਦ (ਬਣਿਆ ਰਹਿੰਦਾ ਹੈ) ॥੧॥ ਰਹਾਉ ॥
56586	1322	ਸਰਬ ਕਾਰਜ ਸਿਧਿ ਭਏ ਗਾਇ ਗੁਨ ਗੁਪਾਲ॥		Sarab Kaaraj Sidhh Bheae Gaae Gun Gupaal ||	All affairs are successfuly resolved, singing the Glorious Praises of the Lord of the World.	ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੇ ਗੁਣ ਗਾ ਕੇ (ਮਨੁੱਖ ਨੂੰ ਆਪਣੇ) ਸਾਰੇ ਕੰਮਾਂ ਦੀ ਸਫਲਤਾ ਪ੍ਰਾਪਤ ਹੋ ਜਾਂਦੀ ਹੈ।
56587	1322	ਮਿਲਿ ਸਾਧਸੰਗਤਿ ਪ੍ਰਭੂ ਸਿਮਰੇ ਨਾਠਿਆ ਦੁਖ ਕਾਲ॥੧॥		Mil Saadhhasangath Prabhoo Simarae Naathiaa Dhukh Kaal ||1||	Joining the Saadh Sangat, the Company of the Holy, I dwell upon God, and the pain of death is taken away. ||1||	ਜਿਸ ਮਨੁੱਖ ਨੇ ਸਾਧ ਸੰਗਤ ਵਿਚ ਮਿਲ ਕੇ ਪ੍ਰਭੂ ਜੀ ਦਾ ਨਾਮ ਸਿਮਰਿਆ ਉਸ ਦੇ ਆਤਮਕ ਮੌਤ ਤੋਂ ਪੈਦਾ ਹੋਣ ਵਾਲੇ ਸਾਰੇ ਦੁੱਖ ਨਾਸ ਹੋ ਜਾਂਦੇ ਹਨ ॥੧॥
56588	1322	ਕਰਿ ਕਿਰਪਾ ਪ੍ਰਭ ਮੇਰਿਆ ਕਰਉ ਦਿਨੁ ਰੈਨਿ ਸੇਵ॥		Kar Kirapaa Prabh Maeriaa Karo Dhin Rain Saev ||	Please take pity on me, O my God, that I may serve You day and night.	ਹੇ ਮੇਰੇ ਪ੍ਰਭੂ! ਮਿਹਰ ਕਰ, ਦਿਨ ਰਾਤ ਮੈਂ ਤੇਰੀ ਭਗਤੀ ਕਰਦਾ ਰਹਾਂ।

56589	1323	ਨਾਨਕ ਦਾਸ ਸਰਣਾਗਤੀ ਹਰਿ ਪੁਰਖ ਪੂਰਨ ਦੇਵ॥੨॥੫॥੮॥	ਸਰ-ਣਾਗਤੀ	Naanak Dhaas Saranaagathee Har Purakh Pooran Dhaev ||2||5||8||	Slave Nanak seeks the Sanctuary of the Lord, the Perfect, Divine Primal Being. ||2||5||8||	ਹੇ ਹਰੀ! ਹੇ ਪੁਰਖ! ਹੇ ਸਰਬ-ਗੁਣ ਭਰਪੂਰ ਦੇਵ! ਮੈਂ (ਤੇਰਾ) ਦਾਸ ਨਾਨਕ ਤੇਰੀ ਸਰਨ ਆਇਆ ਹਾਂ ॥੨॥੫॥੮॥
56590	1323	ਕਲਿਆਨੁ ਮਹਲਾ ੫॥		Kaliaan Mehalaa 5 ||	Kalyaan, Fifth Mehl:	
56591	1323	ਪ੍ਰਭੁ ਮੇਰਾ ਅੰਤਰਜਾਮੀ ਜਾਣੁ॥		Prabh Maeraa Antharajaamee Jaan ||	My God is the Inner-knower, the Searcher of Hearts.	ਹੇ ਸਰਬ-ਗੁਣ-ਭਰਪੂਰ ਪਰਮੇਸਰ! ਤੂੰ ਮੇਰਾ ਪ੍ਰਭੂ ਹੈਂ, ਤੂੰ ਮੇਰੇ ਦਿਲ ਦੀ ਜਾਣਨ ਵਾਲਾ ਹੈਂ।
56592	1323	ਕਰਿ ਕਿਰਪਾ ਪੂਰਨ ਪਰਮੇਸਰ ਨਿਹਚਲੁ ਸਚੁ ਸਬਦੁ ਨੀਸਾਣੁ॥੧॥ਰਹਾਉ॥		Kar Kirapaa Pooran Paramaesar Nihachal Sach Sabadh Neesaan ||1|| Rehaao ||	Take pity on me, O Perfect Transcendent Lord; bless me with the True Eternal Insignia of the Shabad, the Word of God. ||1||Pause||	ਮਿਹਰ ਕਰ, ਮੈਨੂੰ ਸਦਾ ਅਟੱਲ ਕਾਇਮ ਰਹਿਣ ਵਾਲਾ (ਆਪਣੀ ਸਿਫ਼ਤ-ਸਾਲਾਹ ਦਾ) ਸ਼ਬਦ (ਬਖ਼ਸ਼। ਤੇਰੇ ਚਰਨਾਂ ਵਿਚ ਪਹੁੰਚਣ ਲਈ ਇਹ ਸ਼ਬਦ ਹੀ ਮੇਰੇ ਵਾਸਤੇ) ਪਰਵਾਨਾ ਹੈ ॥੧॥ ਰਹਾਉ ॥
56593	1323	ਹਰਿ ਬਿਨੁ ਆਨ ਨ ਕੋਈ ਸਮਰਥੁ ਤੇਰੀ ਆਸ ਤੇਰਾ ਮਨਿ ਤਾਣੁ॥		Har Bin Aan N Koee Samarathh Thaeree Aas Thaeraa Man Thaan ||	O Lord, other than You, no one is all-powerful. You are the Hope and the Strength of my mind.	ਹੇ ਸਭ ਜੀਵਾਂ ਨੂੰ ਦਾਤਾਂ ਦੇਣ ਵਾਲੇ ਸੁਆਮੀ! ਖਾਣ ਅਤੇ ਪਹਿਨਣ ਨੂੰ ਜੋ ਕੁਝ ਤੂੰ ਸਾਨੂੰ ਦੇਂਦਾ ਹੈਂ, ਉਹੀ ਅਸੀਂ ਵਰਤਦੇ ਹਾਂ। ਤੈਥੋਂ ਬਿਨਾ, ਹੇ ਹਰੀ! ਕੋਈ ਹੋਰ (ਇਤਨੀ) ਸਮਰਥਾ ਵਾਲਾ ਨਹੀਂ ਹੈ।

56594	1323	ਸਰਬ ਘਟਾ ਕੇ ਦਾਤੇ ਸੁਆਮੀ ਦੇਹਿ ਸੁ ਪਹਿਰਣੁ ਖਾਣੁ॥੧॥		Sarab Ghattaa Kae Dhaathae Suaamee Dhaehi S Pehiran Khaan ||1||	You are the Giver to the hearts of all beings, O Lord and Master. I eat and wear whatever You give me. ||1||	(ਮੈਨੂੰ ਸਦਾ) ਤੇਰੀ (ਸਹਾਇਤਾ ਦੀ ਹੀ) ਆਸ (ਰਹਿੰਦੀ ਹੈ, ਮੇਰੇ) ਮਨ ਵਿਚ ਤੇਰਾ ਹੀ ਸਹਾਰਾ ਰਹਿੰਦਾ ਹੈ ॥੧॥
56595	1323	ਸੁਰਤਿ ਮਤਿ ਚਤੁਰਾਈ ਸੋਭਾ ਰੂਪੁ ਰੰਗੁ ਧਨੁ ਮਾਣੁ॥		Surath Math Chathuraaee Sobhaa Roop Rang Dhhan Maan ||	Intuitive understanding, wisdom and cleverness, glory and beauty, pleasure, wealth and honor,	(ਨਾਮ ਜਪਣ ਦੀ ਬਰਕਤਿ ਨਾਲ ਹੀ ਉੱਚੀ) ਸੁਰਤ (ਉੱਚੀ) ਮੱਤ, (ਸੁਚੱਜੇ ਜੀਵਨ ਵਾਲੀ) ਸਿਆਣਪ (ਲੋਕ ਪਰਲੋਕ ਦੀ) ਵਡਿਆਈ, (ਸੋਹਣਾ ਆਤਮਕ) ਰੂਪ ਰੰਗ, ਧਨ, ਇੱਜ਼ਤ-
56596	1323	ਸਰਬ ਸੂਖ ਆਨੰਦ ਨਾਨਕ ਜਪਿ ਰਾਮ ਨਾਮੁ ਕਲਿਆਣੁ॥੨॥੬॥੯॥		Sarab Sookh Aanandh Naanak Jap Raam Naam Kaliaan ||2||6||9||	All comforts, bliss, happiness and salvation, O Nanak, come by chanting the Lord's Name. ||2||6||9||	ਸਾਰੇ ਸੁਖ, ਆਨੰਦ (ਇਹ ਸਾਰੀਆਂ ਦਾਤਾਂ ਪ੍ਰਾਪਤ ਹੁੰਦੀਆਂ ਹਨ। ਤਾਂ ਤੇ) ਹੇ ਨਾਨਕ! (ਸਦਾ) ਪਰਮਾਤਮਾ ਦਾ ਨਾਮ ਜਪਿਆ ਕਰ ॥੨॥੬॥੯॥
56597	1323	ਕਲਿਆਣੁ ਮਹਲਾ ੫॥		Kaliaan Mehalaa 5 ||	Kalyaan, Fifth Mehl:	
56598	1323	ਹਰਿ ਚਰਨ ਸਰਨ ਕਲਿਆਨ ਕਰਨ॥		Har Charan Saran Kaliaan Karan ||	The Sanctuary of the Lord's Feet bring salvation.	ਪਰਮਾਤਮਾ ਦੇ ਚਰਨਾਂ ਦੀ ਸਰਨ (ਸਾਰੇ) ਸੁਖ ਪੈਦਾ ਕਰਨ ਵਾਲੀ ਹੈ।

56599	1323	ਪ੍ਰਭ ਨਾਮੁ ਪਤਿਤ ਪਾਵਨੋ॥੧॥ ਰਹਾਉ॥		Prabh Naam Pathith Paavano ||1|| Rehaao ||	God's Name is the Purifier of sinners. ||1||Pause||	ਪਰਮਾਤਮਾ ਦਾ ਨਾਮ ਵਿਕਾਰੀਆਂ ਨੂੰ ਪਵਿੱਤਰ ਬਣਾਣ ਵਾਲਾ ਹੈ ॥੧॥ ਰਹਾਉ ॥
56600	1323	ਸਾਧਸੰਗਿ ਜਪਿ ਨਿਸੰਗ ਜਮਕਾਲੁ ਤਿਸੁ ਨ ਖਾਵਨੋ॥੧॥		Saadhhasang Jap Nisang Jamakaal This N Khaavano ||1||	Whoever chants and meditates in the Saadh Sangat, the Company of the Holy, shall undoubtedly escape being consumed by the Messenger of Death. ||1||	(ਜਿਹੜਾ ਮਨੁੱਖ) ਸਾਧ ਸੰਗਤ ਵਿਚ ਸਰਧਾ ਨਾਲ ਨਾਮ ਜਪਦਾ ਹੈ, ਉਸ ਨੂੰ ਮੌਤ ਦਾ ਡਰ ਭੈ-ਭੀਤ ਨਹੀਂ ਕਰ ਸਕਦਾ (ਉਸ ਦੇ ਆਤਮਕ ਜੀਵਨ ਨੂੰ ਆਤਮਕ ਮੌਤ ਮੁਕਾ ਨਹੀਂ ਸਕਦੀ) ॥੧॥
56601	1323	ਮੁਕਤਿ ਜੁਗਤਿ ਅਨਿਕ ਸੂਖ ਹਰਿ ਭਗਤਿ ਲਵੈ ਨ ਲਾਵਨੋ॥		Mukath Jugath Anik Sookh Har Bhagath Lavai N Laavano ||	Liberation, the key to success, and all sorts of comforts do not equal loving devotional worship of the Lord.	ਹੇ ਦਾਸ ਨਾਨਕ! ਮੁਕਤੀ ਪ੍ਰਾਪਤ ਕਰਨ ਲਈ ਅਨੇਕਾਂ ਜੁਗਤੀਆਂ ਅਤੇ ਅਨੇਕਾਂ ਸੁਖ ਪਰਮਾਤਮਾ ਦੀ ਭਗਤੀ ਦੀ ਬਰਾਬਰੀ ਨਹੀਂ ਕਰ ਸਕਦੇ।
56602	1323	ਪ੍ਰਭ ਦਰਸ ਲੁਬਧ ਦਾਸ ਨਾਨਕ ਬਹੁੜਿ ਜੋਨਿ ਨ ਧਾਵਨੋ॥੨॥੭॥੧੦॥	ਲੁਬਧ: ਪੋਲਾ ਬੋਲੋ	Prabh Dharas Lubadhh Dhaas Naanak Bahurr Jon N Dhhaavano ||2||7||10||	Slave Nanak longs for the Blessed Vision of God's Darshan; he shall never again wander in reincarnation. ||2||||7||10||	ਪਰਮਾਤਮਾ ਦੇ ਦੀਦਾਰ ਦਾ ਮਤਵਾਲਾ ਮਨੁੱਖ ਮੁੜ ਜੂਨਾਂ ਦੇ ਗੇੜ ਵਿਚ ਨਹੀਂ ਭਟਕਦਾ ॥੨॥੭॥੧੦॥

56603	1323	ਕਲਿਆਨ ਮਹਲਾ ੪ ਅਸਟਪਦੀਆ॥	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Kaliaan Mehalaa 4 Asattapadheeaa ||	Kalyaan, Fourth Mehl, Ashtapadees:	ਰਾਗ ਕਲਿਆਨੁ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ ਬੰਦਾਂ ਵਾਲੀ ਬਾਣੀ।
56604	1323	ੴ ਸਤਿਗੁਰ ਪ੍ਰਸਾਦਿ		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
56605	1323	ਰਾਮਾ ਰਮ ਰਾਮੋ ਸੁਨਿ ਮਨੁ ਭੀਜੈ॥		Raamaa Ram Raamo Sun Man Bheejai ||	Hearing the Name of the Lord, the All-pervading Lord, my mind is drenched with joy.	ਸਰਬ-ਵਿਆਪਕ ਪਰਮਾਤਮਾ (ਦਾ ਨਾਮ) ਸੁਣ ਕੇ (ਮਨੁੱਖ ਦਾ) ਮਨ (ਪ੍ਰੇਮ-ਜਲ ਨਾਲ) ਭਿੱਜ ਜਾਂਦਾ ਹੈ।
56606	1323	ਹਰਿ ਹਰਿ ਨਾਮੁ ਅੰਮ੍ਰਿਤੁ ਰਸੁ ਮੀਠਾ ਗੁਰਮਤਿ ਸਹਜੇ ਪੀਜੈ॥੧॥ਰਹਾਉ॥		Har Har Naam Anmrith Ras Meethaa Guramath Sehajae Peejai ||1|| Rehaao ||	The Name of the Lord, Har, Har, is Ambrosial Nectar, the most Sweet and Sublime Essence; through the Guru's Teachings, drink it in with intuitive ease. ||1||Pause||	ਇਹ ਹਰਿ-ਨਾਮ ਆਤਮਕ ਜੀਵਨ ਦੇਣ ਵਾਲਾ ਹੈ ਅਤੇ ਸੁਆਦਲਾ ਹੈ। ਇਹ ਹਰਿ-ਨਾਮ-ਜਲ ਗੁਰੂ ਦੀ ਮੱਤ ਦੀ ਰਾਹੀਂ ਆਤਮਕ ਅਡੋਲਤਾ ਵਿਚ (ਟਿਕ ਕੇ) ਪੀ ਸਕੀਦਾ ਹੈ ॥੧॥ ਰਹਾਉ ॥
56607	1323	ਕਾਸਟ ਮਹਿ ਜਿਉ ਹੈ ਬੈਸੰਤਰੁ ਮਥਿ ਸੰਜਮਿ ਕਾਢਿ ਕਢੀਜੈ॥	ਮਥਿ: ਪੋਲਾ ਬੋਲੋ।ਕ-ਢੀਜੈ	Kaasatt Mehi Jio Hai Baisanthar Mathh Sanjam Kaadt Kadteejai ||	The potential energy of fire is within the wood; it is released if you know how to rub it and generate friction.	ਜਿਵੇਂ (ਹਰੇਕ) ਲੱਕੜੀ ਵਿਚ ਅੱਗ (ਲੁਕੀ ਰਹਿੰਦੀ) ਹੈ, (ਪਰ) ਜੁਗਤਿ ਨਾਲ ਉੱਦਮ ਕਰ ਕੇ ਪਰਗਟ ਕਰ ਸਕੀਦੀ ਹੈ,

56608	1323	ਰਾਮ ਨਾਮੁ ਹੈ ਜੋਤਿ ਸਬਾਈ ਤਤੁ ਗੁਰਮਤਿ ਕਾਢਿ ਲਈਜੈ॥੧॥		Raam Naam Hai Joth Sabaaee Thath Guramath Kaadt Leejai ||1||	In just the same way, the Lord's Name is the Light within all; the Essence is extracted by following the Guru's Teachings. ||1||	ਤਿਵੇਂ ਪਰਮਾਤਮਾ ਦਾ ਨਾਮ (ਐਸਾ) ਹੈ (ਕਿ ਇਸ ਦੀ) ਜੋਤਿ ਸਾਰੀ ਸ੍ਰਿਸ਼ਟੀ ਵਿਚ (ਗੁਪਤ) ਹੈ, ਇਸ ਅਸਲੀਅਤ ਨੂੰ ਗੁਰੂ ਦੀ ਮੱਤ ਦੀ ਰਾਹੀਂ ਸਮਝ ਸਕੀਦਾ ਹੈ ॥੧॥
56609	1323	ਨਉ ਦਰਵਾਜ ਨਵੇ ਦਰ ਫੀਕੇ ਰਸੁ ਅੰਮ੍ਰਿਤੁ ਦਸਵੇ ਚੁਈਜੈ॥		No Dharavaaj Navae Dhar Feekae Ras Anmrith Dhasavae Chueejai ||	There are nine doors, but the taste of these nine doors is bland and insipid. The Essence of Ambrosial Nectar trickles down through the Tenth Door.	(ਮਨੁੱਖਾ ਸਰੀਰ ਦੇ) ਨੌ ਦਰਵਾਜ਼ੇ ਹਨ (ਜਿਨ੍ਹਾਂ ਦੀ ਰਾਹੀਂ ਮਨੁੱਖ ਦਾ ਸੰਬੰਧ ਬਾਹਰਲੀ ਦੁਨੀਆ ਨਾਲ ਬਣਿਆ ਰਹਿੰਦਾ ਹੈ, ਪਰ) ਇਹ ਨੌ ਹੀ ਦਰਵਾਜ਼ੇ (ਨਾਮ-ਰਸ ਵਲੋਂ) ਰੁੱਖੇ ਰਹਿੰਦੇ ਹਨ। ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਰਸ ਦਸਵੇਂ ਦਰਵਾਜ਼ੇ (ਦਿਮਾਗ਼) ਦੀ ਰਾਹੀਂ ਹੀ (ਮਨੁੱਖ ਦੇ ਅੰਦਰ ਪਰਗਟ ਹੁੰਦਾ ਹੈ, ਜਿਵੇਂ ਅਰਕ ਆਦਿਕ ਨਾਲ ਦੀ ਰਾਹੀਂ) ਚੋਂਦਾ ਹੈ।
56610	1323	ਕ੍ਰਿਪਾ ਕ੍ਰਿਪਾ ਕਿਰਪਾ ਕਰਿ ਪਿਆਰੇ ਗੁਰ ਸਬਦੀ ਹਰਿ ਰਸੁ ਪੀਜੈ॥੨॥		Kirapaa Kirapaa Kirapaa Kar Piaarae Gur Sabadhee Har Ras Peejai ||2||	Please take pity on me - be kind and compassionate, O my Beloved, that I may drink in the Sublime Essence of the Lord, through the Word of the Guru's Shabad. ||2||	ਹੇ ਪਿਆਰੇ ਪ੍ਰਭੂ! (ਆਪਣੇ ਜੀਵਾਂ ਉੱਤੇ) ਸਦਾ ਹੀ ਮਿਹਰ ਕਰ, (ਜੇ ਤੂੰ ਮਿਹਰ ਕਰੇਂ, ਤਾਂ) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਇਹ ਹਰਿ-ਨਾਮ-ਰਸ ਪੀਤਾ ਜਾ ਸਕਦਾ ਹੈ ॥੨॥

56611	1323	ਕਾਇਆ ਨਗਰੁ ਨਗਰੁ ਹੈ ਨੀਕੋ ਵਿਚਿ ਸਉਦਾ ਹਰਿ ਰਸੁ ਕੀਜੈ॥		Kaaeiaa Nagar Nagar Hai Neeko Vich Soudhaa Har Ras Keejai ||	The body-village is the most sublime and exalted village, in which the merchandise of the Lord's Sublime Essence is traded.	ਮਨੁੱਖਾ ਸਰੀਰ (ਮਾਨੋ, ਇਕ) ਸ਼ਹਿਰ ਹੈ, ਇਸ (ਸਰੀਰ-ਸ਼ਹਿਰ) ਵਿਚ ਹਰਿ-ਨਾਮ-ਰਸ (ਵਿਹਾਝਣ ਦਾ) ਵਣਜ ਕਰਦੇ ਰਹਿਣਾ ਚਾਹੀਦਾ ਹੈ।
56612	1323	ਰਤਨ ਲਾਲ ਅਮੋਲ ਅਮੋਲਕ ਸਤਿਗੁਰ ਸੇਵਾ ਲੀਜੈ॥੩॥		Rathan Laal Amol Amolak Sathigur Saevaa Leejai ||3||	The most precious and priceless gems and jewels are obtained by serving the True Guru. ||3||	(ਇਹ ਹਰਿ-ਨਾਮ-ਰਸ, ਮਾਨੋ) ਅਮੁੱਲੇ ਰਤਨ ਲਾਲ ਹਨ, (ਇਹ ਹਰਿ-ਨਾਮ-ਰਸ) ਗੁਰੂ ਦੀ ਸਰਨ ਪਿਆਂ ਹੀ ਹਾਸਲ ਕੀਤਾ ਜਾ ਸਕਦਾ ਹੈ ॥੩॥
56613	1323	ਸਤਿਗੁਰ ਅਗਮੁ ਅਗਮੁ ਹੈ ਠਾਕੁਰੁ ਭਰਿ ਸਾਗਰ ਭਗਤਿ ਕਰੀਜੈ॥	ਕ-ਰੀਜੈ	Sathigur Agam Agam Hai Thaakur Bhar Saagar Bhagath Kareejai ||	The True Guru is Inaccessible; Inaccessible is our Lord and Master. He is the overflowing Ocean of bliss - worship Him with loving devotion.	ਗੁਰੂ ਅਪਹੁੰਚ ਪਰਮਾਤਮਾ (ਦਾ ਰੂਪ) ਹੈ। (ਅਮੋਲਕ ਰਤਨਾਂ ਲਾਲਾਂ ਨਾਲ) ਭਰੇ ਹੋਏ ਸਮੁੰਦਰ (ਪ੍ਰਭੂ) ਦੀ ਭਗਤੀ (ਗੁਰੂ ਦੀ ਸਰਨ ਪਿਆਂ ਹੀ) ਕੀਤੀ ਜਾ ਸਕਦੀ ਹੈ।

56614	1323	ਕ੍ਰਿਪਾ ਕ੍ਰਿਪਾ ਕਰਿ ਦੀਨ ਹਮ ਸਾਰਿੰਗ ਇਕ ਬੂੰਦ ਨਾਮੁ ਮੁਖਿ ਦੀਜੈ॥੪॥		Kirapaa Kirapaa Kar Dheen Ham Saaring Eik Boondh Naam Mukh Dheejai ||4||	Please take pity on me, and be Merciful to this meek song-bird; please pour a drop of Your Name into my mouth. ||4||	ਹੇ ਪ੍ਰਭੂ! ਅਸੀਂ ਜੀਵ (ਤੇਰੇ ਦਰ ਦੇ) ਨਿਮਾਣੇ ਪਪੀਹੇ ਹਾਂ। ਮਿਹਰ ਕਰ, ਮਿਹਰ ਕਰ (ਜਿਵੇਂ ਪਪੀਹੇ ਨੂੰ ਵਰਖਾ ਦੀ) ਇਕ ਬੂੰਦ (ਦੀ ਪਿਆਸ ਰਹਿੰਦੀ ਹੈ, ਤਿਵੇਂ ਮੈਨੂੰ ਤੇਰੇ ਨਾਮ-ਜਲ ਦੀ ਪਿਆਸ ਹੈ, ਮੇਰੇ) ਮੂੰਹ ਵਿਚ (ਆਪਣਾ) ਨਾਮ (-ਜਲ) ਦੇਹ ॥੪॥
56615	1323	ਲਾਲਨੁ ਲਾਲੁ ਲਾਲੁ ਹੈ ਰੰਗਨੁ ਮਨੁ ਰੰਗਨ ਕਉ ਗੁਰ ਦੀਜੈ॥		Laalan Laal Laal Hai Rangan Man Rangan Ko Gur Dheejai ||	O Beloved Lord, please color my mind with the Deep Crimson Color of Your Love; I have surrendered my mind to the Guru.	ਸੋਹਣਾ ਹਰਿ (-ਨਾਮ) ਬੜਾ ਸੋਹਣਾ ਰੰਗ ਹੈ। ਹੇ ਗੁਰੂ! (ਮੈਨੂੰ ਆਪਣਾ) ਮਨ ਰੰਗਣ ਲਈ (ਇਹ ਹਰਿ-ਨਾਮ ਰੰਗ) ਦੇਹ।
56616	1323	ਰਾਮ ਰਾਮ ਰਾਮ ਰੰਗਿ ਰਾਤੇ ਰਸ ਰਸਿਕ ਗਟਕ ਨਿਤ ਪੀਜੈ॥੫॥		Raam Raam Raam Rang Raathae Ras Rasik Gattak Nith Peejai ||5||	Those who are imbued with the Love of the Lord, Raam, Raam, Raam, continually drink in this essence in big gulps, savoring its sweet taste. ||5||	(ਜਿਨ੍ਹਾਂ ਮਨੁੱਖਾਂ ਨੂੰ ਇਹ ਨਾਮ-ਰੰਗ ਮਿਲ ਜਾਂਦਾ ਹੈ, ਉਹ) ਸਦਾ ਲਈ ਪਰਮਾਤਮਾ ਦੇ (ਨਾਮ-) ਰੰਗ ਵਿਚ ਰੰਗੇ ਰਹਿੰਦੇ ਹਨ, (ਉਹ ਮਨੁੱਖ ਨਾਮ-) ਰਸ ਦੇ ਰਸੀਏ (ਬਣ ਜਾਂਦੇ ਹਨ)। (ਇਹ ਨਾਮ-ਰਸ) ਗਟ ਗਟ ਕਰ ਕੇ ਸਦਾ ਪੀਂਦੇ ਰਹਿਣਾ ਚਾਹੀਦਾ ਹੈ ॥੫॥

56617	1323	ਬਸੁਧਾ ਸਪਤ ਦੀਪ ਹੈ ਸਾਗਰ ਕਢਿ ਕੰਚਨੁ ਕਾਢਿ ਧਰੀਜੈ॥	ਧ-ਰੀਜੈ	Basudhhaa Sapath Dheep Hai Saagar Kadt Kanchan Kaadt Dhhareejai ||	If all the gold of the seven continents and the oceans was taken out and placed before them,	(ਜਿਤਨੀ ਭੀ) ਸੱਤ ਟਾਪੂਆਂ ਵਾਲੀ ਅਤੇ ਸੱਤ ਸਮੁੰਦਰਾਂ ਵਾਲੀ ਧਰਤੀ ਹੈ (ਜੇ ਇਸ ਨੂੰ) ਪੁੱਟ ਕੇ (ਇਸ ਵਿਚੋਂ ਸਾਰਾ) ਸੋਨਾ ਕੱਢ ਕੇ (ਬਾਹਰ) ਰੱਖ ਦਿੱਤਾ ਜਾਏ,
56618	1323	ਮੇਰੇ ਠਾਕੁਰ ਕੇ ਜਨ ਇਨਹੁ ਨ ਬਾਛਹਿ ਹਰਿ ਮਾਗਹਿ ਹਰਿ ਰਸੁ ਦੀਜੈ॥੬॥		Maerae Thaakur Kae Jan Einahu N Baashhehi Har Maagehi Har Ras Dheejai ||6||	The humble servants of my Lord and Master would not even want it. They beg for the Lord to bless them with the Lord's Sublime Essence. ||6||	(ਤਾਂ ਭੀ) ਮੇਰੇ ਮਾਲਕ-ਪ੍ਰਭੂ ਦੇ ਭਗਤ-ਜਨ (ਸੋਨਾ ਆਦਿਕ) ਇਹਨਾਂ (ਕੀਮਤੀ ਪਦਾਰਥਾਂ) ਨੂੰ ਨਹੀਂ ਲੋੜਦੇ, ਉਹ ਸਦਾ ਪਰਮਾਤਮਾ (ਦਾ ਨਾਮ ਹੀ) ਮੰਗਦੇ ਰਹਿੰਦੇ ਹਨ। ਹੇ ਗੁਰੂ! (ਮੈਨੂੰ ਭੀ) ਪਰਮਾਤਮਾ ਦਾ ਨਾਮ ਰਸ ਹੀ ਬਖ਼ਸ਼ ॥੬॥
56619	1323	ਸਾਕਤ ਨਰ ਪ੍ਰਾਨੀ ਸਦ ਭੂਖੇ ਨਿਤ ਭੂਖਨ ਭੂਖ ਕਰੀਜੈ॥	ਕ-ਰੀਜੈ	Saakath Nar Praanee Sadh Bhookhae Nith Bhookhan Bhookh Kareejai ||	The faithless cynics and mortal beings remain hungry forever; they continually cry out in hunger.	ਪਰਮਾਤਮਾ ਤੋਂ ਟੁੱਟੇ ਹੋਏ ਮਨੁੱਖ ਸਦਾ ਮਾਇਆ ਦੇ ਲਾਲਚ ਵਿਚ ਫਸੇ ਰਹਿੰਦੇ ਹਨ, (ਉਹਨਾਂ ਦੇ ਅੰਦਰ) ਸਦਾ (ਮਾਇਆ ਦੀ) ਭੁੱਖ (ਮਾਇਆ ਦੀ) ਭੁੱਖ ਦੀ ਪੁਕਾਰ ਜਾਰੀ ਰਹਿੰਦੀ ਹੈ।
56620	1323	ਧਾਵਤੁ ਧਾਇ ਧਾਵਹਿ ਪ੍ਰੀਤਿ ਮਾਇਆ ਲਖ ਕੋਸਨ ਕਉ ਬਿਥਿ ਦੀਜੈ॥੭॥	ਬਿੱਥਿ	Dhhaavath Dhhaae Dhhaavehi Preeth Maaeiaa Lakh Kosan Ko Bithh Dheejai ||7||	They hurry and run, and wander all around, caught in the love of Maya; they cover hundreds of thousands of miles in their wanderings. ||7||	ਮਾਇਆ ਦੀ ਖਿੱਚ ਦੇ ਕਾਰਨ ਉਹ ਸਦਾ ਹੀ ਭਟਕਦੇ ਫਿਰਦੇ ਹਨ। (ਮਾਇਆ ਇਕੱਠੀ ਕਰਨ ਦੀ ਖ਼ਾਤਰ ਆਪਣੇ ਮਨ ਅਤੇ ਪਰਮਾਤਮਾ ਦੇ ਵਿਚਕਾਰ) ਲੱਖਾਂ ਕੋਹਾਂ ਨੂੰ ਵਿੱਥ ਬਣਾ ਲਿਆ ਜਾਂਦਾ ਹੈ ॥੭॥

56621	1323	ਹਰਿ ਹਰਿ ਹਰਿ ਹਰਿ ਹਰਿ ਜਨ ਊਤਮ ਕਿਆ ਉਪਮਾ ਤਿਨ੍ਹ ਦੀਜੈ॥		Har Har Har Har Har Jan Ootham Kiaa Oupamaa Thinh Dheejai ||	The humble servants of the Lord, Har, Har, Har, Har, Har, are sublime and exalted. What praise can we bestow upon them?	ਸਦਾ ਹਰੀ ਦਾ ਨਾਮ ਜਪਣ ਦੀ ਬਰਕਤਿ ਨਾਲ ਪਰਮਾਤਮਾ ਦੇ ਭਗਤ ਉੱਚੇ ਜੀਵਨ ਵਾਲੇ ਬਣ ਜਾਂਦੇ ਹਨ, ਉਹਨਾਂ ਦੀ ਕੋਈ ਭੀ ਵਡਿਆਈ ਕੀਤੀ ਨਹੀਂ ਜਾ ਸਕਦੀ।
56622	1324	ਰਾਮ ਨਾਮ ਤੁਲਿ ਅਉਰੁ ਨ ਉਪਮਾ ਜਨ ਨਾਨਕ ਕ੍ਰਿਪਾ ਕਰੀਜੈ॥੮॥੧॥		Raam Naam Thul Aour N Oupamaa Jan Naanak Kirapaa Kareejai ||8||1||	Nothing else can equal the Glory of the Lord's Name; please bless servant Nanak with Your Grace. ||8||1||	ਪਰਮਾਤਮਾ ਦੇ ਨਾਮ ਦੇ ਬਰਾਬਰ ਦਾ ਹੋਰ ਕੋਈ ਪਦਾਰਥ ਹੈ ਹੀ ਨਹੀਂ। ਹੇ ਪ੍ਰਭੂ! (ਆਪਣੇ) ਦਾਸ ਨਾਨਕ ਉਤੇ ਮਿਹਰ ਕਰ (ਅਤੇ ਆਪਣਾ ਨਾਮ ਬਖ਼ਸ਼) ॥੮॥੧॥
56623	1324	ਕਲਿਆਨ ਮਹਲਾ ੪॥		Kaliaan Mehalaa 4 ||	Kalyaan, Fourth Mehl:	
56624	1324	ਰਾਮ ਗੁਰੁ ਪਾਰਸੁ ਪਰਸੁ ਕਰੀਜੈ॥		Raam Gur Paaras Paras Kareejai ||	O Lord, please bless me with the Touch of the Guru, the Philosopher's Stone.	ਹੇ ਹਰੀ! ਗੁਰੂ (ਹੀ ਅਸਲ) ਪਾਰਸ ਹੈ, (ਮੇਰੀ ਗੁਰੂ ਨਾਲ) ਛੂਹ ਕਰ ਦੇਹ (ਮੈਨੂੰ ਗੁਰੂ ਮਿਲਾ ਦੇਹ)।
56625	1324	ਹਮ ਨਿਰਗੁਣੀ ਮਨੂਰ ਅਤਿ ਫੀਕੇ ਮਿਲਿ ਸਤਿਗੁਰ ਪਾਰਸੁ ਕੀਜੈ॥੧॥ਰਹਾਉ॥		Ham Niragunee Manoor Ath Feekae Mil Sathigur Paaras Keejai ||1|| Rehaao ||	I was unworthy, utterly useless, rusty slag; meeting with the True Guru, I was transformed by the Philosopher's Stone. ||1||Pause||	ਅਸੀਂ ਜੀਵ ਗੁਣ-ਹੀਨ ਹਾਂ, ਸੜਿਆ ਹੋਇਆ ਲੋਹਾ ਹਾਂ, ਬੜੇ ਰੁੱਖੇ ਜੀਵਨ ਵਾਲੇ ਹਾਂ। (ਇਹ ਮਿਹਰ) ਕਰ ਕਿ ਗੁਰੂ ਨੂੰ ਮਿਲ ਕੇ ਪਾਰਸ (ਹੋ ਜਾਈਏ) ॥੧॥ ਰਹਾਉ ॥

56626	1324	ਸੁਰਗ ਮੁਕਤਿ ਬੈਕੁੰਠ ਸਭਿ ਬਾਂਛਹਿ ਨਿਤਿ ਆਸਾ ਆਸ ਕਰੀਜੈ॥		Surag Mukath Baikunth Sabh Baanshhehi Nith Aasaa Aas Kareejai ||	Everyone longs for paradise, liberation and heaven; all place their hopes in them.	ਸਾਰੇ ਲੋਕ ਸੁਰਗ ਮੁਕਤੀ ਬੈਕੁੰਠ (ਹੀ) ਮੰਗਦੇ ਰਹਿੰਦੇ ਹਨ, ਸਦਾ (ਸੁਰਗ ਮੁਕਤੀ ਬੈਕੁੰਠ ਦੀ ਹੀ) ਆਸ ਕੀਤੀ ਜਾ ਰਹੀ ਹੈ।
56627	1324	ਹਰਿ ਦਰਸਨ ਕੇ ਜਨ ਮੁਕਤਿ ਨ ਮਾਂਗਹਿ ਮਿਲਿ ਦਰਸਨ ਤ੍ਰਿਪਤਿ ਮਨੁ ਧੀਜੈ॥੧॥	ਮਾਂਗ-ਹਿ	Har Dharasan Kae Jan Mukath N Maangehi Mil Dharasan Thripath Man Dhheejai ||1||	The humble long for the Blessed Vision of His Darshan; they do not ask for liberation. Their minds are satisfied and comforted by His Darshan. ||1||	ਪਰ ਪਰਮਾਤਮਾ ਦੇ ਦਰਸ਼ਨ ਦੇ ਪ੍ਰੇਮੀ ਭਗਤ ਮੁਕਤੀ ਨਹੀਂ ਮੰਗਦੇ। (ਪਰਮਾਤਮਾ ਨੂੰ) ਮਿਲ ਕੇ (ਪਰਮਾਤਮਾ ਦੇ) ਦਰਸਨ ਦੇ ਰਜੇਵੇਂ ਨਾਲ (ਉਹਨਾਂ ਦਾ) ਮਨ ਸ਼ਾਂਤ ਰਹਿੰਦਾ ਹੈ ॥੧॥
56628	1324	ਮਾਇਆ ਮੋਹੁ ਸਬਲੁ ਹੈ ਭਾਰੀ ਮੋਹੁ ਕਾਲਖ ਦਾਗ ਲਗੀਜੈ॥	ਸਬਲੁ: ਪੋਲਾ ਬੋਲੋ ਮਿਲਵਾਂ।ਲੱ-ਗੀਜੈ	Maaeiaa Mohu Sabal Hai Bhaaree Mohu Kaalakh Dhaag Lageejai ||	Emotional attachment to Maya is very powerful; this attachment is a black stain which sticks.	(ਸੰਸਾਰ ਵਿਚ) ਮਾਇਆ ਦਾ ਮੋਹ ਬਹੁਤ ਬਲਵਾਨ ਹੈ, (ਮਾਇਆ ਦਾ) ਮੋਹ (ਜੀਵਾਂ ਦੇ ਮਨ ਵਿਚ ਵਿਕਾਰਾਂ ਦੀ) ਕਾਲਖ ਦੇ ਦਾਗ਼ ਲਾ ਦੇਂਦਾ ਹੈ।
56629	1324	ਮੇਰੇ ਠਾਕੁਰ ਕੇ ਜਨ ਅਲਿਪਤ ਹੈ ਮੁਕਤੇ ਜਿਉ ਮੁਰਗਾਈ ਪੰਕੁ ਨ ਭੀਜੈ॥੨॥	(ਪੰਕੁ) ਖੰਭ। ਅ-ਲਿਪਤ	Maerae Thaakur Kae Jan Alipath Hai Mukathae Jio Muragaaee Pank N Bheejai ||2||	The humble servants of my Lord and Master are unattached and liberated. They are like ducks, whose feathers do not get wet. ||2||	ਪਰ ਪਰਮਾਤਮਾ ਦੇ ਭਗਤ (ਮਾਇਆ ਦੇ ਮੋਹ ਤੋਂ) ਨਿਰਲੇਪ ਰਹਿੰਦੇ ਹਨ, ਵਿਕਾਰਾਂ ਤੋਂ ਬਚੇ ਰਹਿੰਦੇ ਹਨ, ਜਿਵੇਂ ਮੁਰਗਾਈ ਦਾ ਖੰਭ (ਪਾਣੀ ਵਿਚ) ਭਿੱਜਦਾ ਨਹੀਂ ॥੨॥

56630	1324	ਚੰਦਨ ਵਾਸੁ ਭੁਇਅੰਗਮ ਵੇੜੀ ਕਿਵ ਮਿਲੀਐ ਚੰਦਨੁ ਲੀਜੈ॥	ਭੁਇ-ਅੰਗਮ। ਵੇੜ੍ਹੀ	Chandhan Vaas Bhueiangam Vaerree Kiv Mileeai Chandhan Leejai ||	The fragrant sandalwood tree is encircled by snakes; how can anyone get to the sandalwood?	ਚੰਦਨ ਦੀ ਖ਼ੁਸ਼ਬੂ ਸੱਪਾਂ ਨਾਲ ਘਿਰੀ ਰਹਿੰਦੀ ਹੈ। (ਚੰਦਨ ਨੂੰ) ਕਿਵੇਂ ਮਿਲਿਆ ਜਾ ਸਕਦਾ ਹੈ? ਚੰਦਨ ਕਿਵੇਂ ਹਾਸਲ ਕੀਤਾ ਜਾ ਸਕਦਾ ਹੈ? (ਮਨੁੱਖ ਦੀ ਜਿੰਦ ਵਿਕਾਰਾਂ ਨਾਲ ਘਿਰੀ ਰਹਿੰਦੀ ਹੈ, ਪ੍ਰਭੂ-ਮਿਲਾਪ ਦੀ ਸੁਗੰਧੀ ਮਨੁੱਖ ਨੂੰ ਪ੍ਰਾਪਤ ਨਹੀਂ ਹੁੰਦੀ)।
56631	1324	ਕਾਢਿ ਖੜਗੁ ਗੁਰ ਗਿਆਨੁ ਕਰਾਰਾ ਬਿਖੁ ਛੇਦਿ ਛੇਦਿ ਰਸੁ ਪੀਜੈ॥੩॥		Kaadt Kharrag Gur Giaan Karaaraa Bikh Shhaedh Shhaedh Ras Peejai ||3||	Drawing out the Mighty Sword of the Guru's Spiritual Wisdom, I slaughter and kill the poisonous snakes, and drink in the Sweet Nectar. ||3||	ਗੁਰੂ ਦਾ ਬਖ਼ਸ਼ਿਆ ਹੋਇਆ (ਆਤਮਕ ਜੀਵਨ ਦੀ ਸੂਝ ਦਾ) ਗਿਆਨ ਤੇਜ਼ ਖੰਡਾ (ਹੈ, ਇਹ ਖੰਡਾ) ਕੱਢ ਕੇ (ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲਾ ਮਾਇਆ ਦੇ ਮੋਹ ਦਾ) ਜ਼ਹਰ (ਜੜ੍ਹਾਂ ਤੋਂ) ਵੱਢ ਵੱਢ ਕੇ ਨਾਮ-ਰਸ ਪੀਤਾ ਜਾ ਸਕਦਾ ਹੈ ॥੩॥
56632	1324	ਆਨਿ ਆਨਿ ਸਮਧਾ ਬਹੁ ਕੀਨੀ ਪਲੁ ਬੈਸੰਤਰ ਭਸਮ ਕਰੀਜੈ॥	ਸਮਧਾ:ਪੋਲਾ ਬੋਲੋ। (ਸਮਧਾ) ਲੱਕੜੀ	Aan Aan Samadhhaa Bahu Keenee Pal Baisanthar Bhasam Kareejai ||	You may gather wood and stack it in a pile, but in an instant, fire reduces it to ashes.	(ਲੱਕੜਾਂ) ਲਿਆ ਲਿਆ ਕੇ ਲੱਕੜਾਂ ਦਾ ਬੜਾ ਢੇਰ ਇਕੱਠਾ ਕੀਤਾ ਜਾਏ (ਉਸ ਨੂੰ) ਅੱਗ (ਦੀ ਇਕ ਚੰਗਿਆੜੀ) ਪਲ ਵਿਚ ਸੁਆਹ ਕਰ ਸਕਦੀ ਹੈ।

56633	1324	ਮਹਾ ਉਗ੍ਰ ਪਾਪ ਸਾਕਤ ਨਰ ਕੀਨੇ ਮਿਲਿ ਸਾਧੂ ਲੂਕੀ ਦੀਜੈ॥੪॥	ਉੱਗ੍ਰ, ਲੁੱਕੀ	Mehaa Ougr Paap Saakath Nar Keenae Mil Saadhhoo Lookee Dheejai ||4||	The faithless cynic gathers the most horrendous sins, but meeting with the Holy Saint, they are placed in the fire. ||4||	ਪਰਮਾਤਮਾ ਨਾਲੋਂ ਟੁੱਟ ਹੋਏ ਮਨੁੱਖ ਬੜੇ ਬੜੇ ਬੱਜਰ ਪਾਪ ਕਰਦੇ ਹਨ, (ਉਹਨਾਂ ਪਾਪਾਂ ਨੂੰ ਸਾੜਨ ਵਾਸਤੇ) ਗੁਰੂ ਨੂੰ ਮਿਲ ਕੇ (ਹਰਿ-ਨਾਮ-ਅੱਗ ਦੀ) ਚੁਆਤੀ ਦਿੱਤੀ ਜਾ ਸਕਦੀ ਹੈ ॥੪॥
56634	1324	ਸਾਧੂ ਸਾਧ ਸਾਧ ਜਨ ਨੀਕੇ ਜਿਨ ਅੰਤਰਿ ਨਾਮੁ ਧਰੀਜੈ॥	ਧ-ਰੀਜੈ	Saadhhoo Saadhh Saadhh Jan Neekae Jin Anthar Naam Dhhareejai ||	The Holy, Saintly devotees are sublime and exalted. They enshrine the Naam, the Name of the Lord, deep within.	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਟਿਕਿਆ ਰਹਿੰਦਾ ਹੈ, ਉਹ ਹਨ ਸਾਧ ਜਨ ਉਹ ਹਨ ਭਲੇ ਮਨੁੱਖ।
56635	1324	ਪਰਸ ਨਿਪਰਸੁ ਭਏ ਸਾਧੂ ਜਨ ਜਨੁ ਹਰਿ ਭਗਵਾਨੁ ਦਿਖੀਜੈ॥੫॥	ਕੋੜ੍ਹੀ ਰੋਗੀ. (ਨਿ-ਪਰਸੁ) ਨ ਛੋਹਣੇ ਯੋਗ ਸਨ। ਉਹ ਜਨ ਸਾਧੂਆਂ ਨਾਲ ਪਰਸ ਕੇ ਪ੍ਰਮੇਸ਼ਰ ਜੀ ਨੂੰ ਦੇਖਣ ਵਾਲੇ ਹੋ ਗਏ। ਦਿ-ਖੀਜੈ (ਦੂਜਾ ਪਾਠ: ਪਰਸਨਿ ਪਰਸੁ)	Paras Niparas Bheae Saadhhoo Jan Jan Har Bhagavaan Dhikheejai ||5||	By the touch of the Holy and the humble servants of the Lord, the Lord God is seen. ||5||	(ਪਰਮਾਤਮਾ ਦੇ ਨਾਮ ਦੀ) ਛੁਹ ਨਾਲ (ਉਹ ਮਨੁੱਖ) ਸਾਧੂ-ਜਨ ਬਣੇ ਹਨ, (ਉਹਨਾਂ ਨੂੰ) ਮਾਨੇ, (ਹਰ ਥਾਂ) ਹਰੀ ਭਗਵਾਨ ਦਿੱਸ ਪਿਆ ਹੈ ॥੫॥
56636	1324	ਸਾਕਤ ਸੂਤੁ ਬਹੁ ਗੁਰਝੀ ਭਰਿਆ ਕਿਉ ਕਰਿ ਤਾਨੁ ਤਨੀਜੈ॥	ਤ-ਨੀਜੈ	Saakath Sooth Bahu Gurajhee Bhariaa Kio Kar Thaan Thaneejai ||	The thread of the faithless cynic is totally knotted and tangled; how can anything be woven with it?	ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਦੀ ਜੀਵਨ ਡੋਰ (ਵਿਕਾਰਾਂ ਦੀਆਂ) ਅਨੇਕਾਂ ਗੁੰਝਲਾਂ ਨਾਲ ਭਰੀ ਰਹਿੰਦੀ ਹੈ।

56637	1324	ਤੰਤੁ ਸੂਤੁ ਕਿਛੁ ਨਿਕਸੈ ਨਾਹੀ ਸਾਕਤ ਸੰਗੁ ਨ ਕੀਜੈ॥੬॥		Thanth Sooth Kishh Nikasai Naahee Saakath Sang N Keejai ||6||	This thread cannot be woven into yarn; do not associate with those faithless cynics. ||6||	(ਵਿਕਾਰਾਂ ਦੀਆਂ ਗੁੰਝਲਾਂ ਨਾਲ ਭਰੇ ਹੋਏ ਜੀਵਨ-ਸੂਤਰ ਨਾਲ ਪਵਿੱਤਰ ਜੀਵਨ ਦਾ) ਤਾਣਾ ਤਣਿਆ ਹੀ ਨਹੀਂ ਜਾ ਸਕਦਾ, (ਕਿਉਂਕਿ ਉਹਨਾਂ ਗੁੰਝਲਾਂ ਵਿਚੋਂ ਇੱਕ ਭੀ ਸਿੱਧੀ) ਤੰਦ ਨਹੀਂ ਨਿਕਲਦੀ, ਇੱਕ ਭੀ ਧਾਗਾ ਨਹੀਂ ਨਿਕਲਦਾ। (ਇਸ ਵਾਸਤੇ ਹੇ ਭਾਈ!) ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਦਾ ਸਾਥ ਨਹੀਂ ਕਰਨਾ ਚਾਹੀਦਾ ॥੬॥
56638	1324	ਸਤਿਗੁਰ ਸਾਧਸੰਗਤਿ ਹੈ ਨੀਕੀ ਮਿਲਿ ਸੰਗਤਿ ਰਾਮੁ ਰਵੀਜੈ॥	ਰ-ਵੀਜੈ	Sathigur Saadhhasangath Hai Neekee Mil Sangath Raam Raveejai ||	The True Guru and the Saadh Sangat, the Company of the Holy, are exalted and sublime. Joining the Congregation, meditate on the Lord.	ਗੁਰੂ ਦੀ ਸਾਧ ਸੰਗਤ ਭਲੀ (ਸੁਹਬਤ) ਹੈ, ਸਾਧ ਸੰਗਤ ਵਿਚ ਮਿਲ ਕੇ ਪਰਮਾਤਮਾ ਦਾ ਨਾਮ ਜਪਿਆ ਜਾ ਸਕਦਾ ਹੈ।
56639	1324	ਅੰਤਰਿ ਰਤਨ ਜਵੇਹਰ ਮਾਣਕ ਗੁਰ ਕਿਰਪਾ ਤੇ ਲੀਜੈ॥੭॥		Anthar Rathan Javaehar Maanak Gur Kirapaa Thae Leejai ||7||	The gems, jewels and precious stones are deep within; by Guru's Grace, they are found. ||7||	(ਮਨੁੱਖ ਦੇ) ਅੰਦਰ (ਗੁਪਤ ਟਿਕਿਆ ਹੋਇਆ ਹਰਿ-ਨਾਮ, ਮਾਨੋ) ਰਤਨ ਜਵਾਹਰਾਤ ਮੋਤੀ ਹਨ (ਇਹ ਹਰਿ-ਨਾਮ ਸਾਧ ਸੰਗਤ ਵਿਚ ਟਿਕ ਕੇ) ਗੁਰੂ ਦੀ ਕਿਰਪਾ ਨਾਲ ਲਿਆ ਜਾ ਸਕਦਾ ਹੈ ॥੭॥

56640	1324	ਮੇਰਾ ਠਾਕੁਰੁ ਵਡਾ ਵਡਾ ਹੈ ਸੁਆਮੀ ਹਮ ਕਿਉ ਕਰਿ ਮਿਲਹ ਮਿਲੀਜੈ॥	ਮਿ-ਲੀਜੈ	Maeraa Thaakur Vaddaa Vaddaa Hai Suaamee Ham Kio Kar Mileh Mileejai ||	My Lord and Master is Glorious and Great. How can I be united in His Union?	ਮੇਰਾ ਮਾਲਕ-ਸੁਆਮੀ ਬਹੁਤ ਵੱਡਾ ਹੈ, ਅਸੀਂ ਜੀਵ (ਆਪਣੇ ਹੀ ਉੱਦਮ ਨਾਲ ਉਸ ਨੂੰ) ਕਿਵੇਂ ਮਿਲ ਸਕਦੇ ਹਾਂ? (ਇਸ ਤਰ੍ਹਾਂ ਉਹ) ਨਹੀਂ ਮਿਲ ਸਕਦਾ।
56641	1324	ਨਾਨਕ ਮੇਲਿ ਮਿਲਾਏ ਗੁਰੁ ਪੂਰਾ ਜਨ ਕਉ ਪੂਰਨੁ ਦੀਜੈ॥੮॥੨॥		Naanak Mael Milaaeae Gur Pooraa Jan Ko Pooran Dheejai ||8||2||	O Nanak, the Perfect Guru unites His humble servant in His Union, and blesses him with perfection. ||8||2||	ਹੇ ਨਾਨਕ! ਪੂਰਾ ਗੁਰੂ (ਹੀ ਆਪਣੇ ਸ਼ਬਦ ਵਿਚ) ਜੋੜ ਕੇ (ਪਰਮਾਤਮਾ ਨਾਲ) ਮਿਲਾਂਦਾ ਹੈ। (ਸੋ, ਗੁਰੂ ਪਰਮੇਸਰ ਦੇ ਦਰ ਤੇ ਅਰਦਾਸ ਕਰਦੇ ਰਹਿਣਾ ਚਾਹੀਦਾ ਹੈ ਕਿ ਹੇ ਪ੍ਰਭੂ! ਆਪਣੇ) ਸੇਵਕ ਨੂੰ ਪੂਰਨਤਾ ਦਾ ਦਰਜਾ ਬਖ਼ਸ਼ ॥੮॥੨॥
56642	1324	ਕਲਿਆਨੁ ਮਹਲਾ ੪॥		Kaliaan Mehalaa 4 ||	Kalyaan, Fourth Mehl:	
56643	1324	ਰਾਮਾ ਰਮ ਰਾਮੋ ਰਾਮੁ ਰਵੀਜੈ॥	ਰ-ਵੀਜੈ	Raamaa Ram Raamo Raam Raveejai ||	Chant the Name of the Lord, the Lord, the All-pervading Lord.	ਸਰਬ-ਵਿਆਪਕ ਰਾਮ (ਦਾ ਨਾਮ) ਸਦਾ ਸਿਮਰਨਾ ਚਾਹੀਦਾ ਹੈ।
56644	1324	ਸਾਧੂ ਸਾਧ ਸਾਧ ਜਨ ਨੀਕੇ ਮਿਲਿ ਸਾਧੂ ਹਰਿ ਰੰਗੁ ਕੀਜੈ॥੧॥ਰਹਾਉ॥		Saadhhoo Saadhh Saadhh Jan Neekae Mil Saadhhoo Har Rang Keejai ||1|| Rehaao ||	The Holy, the humble and Holy, are noble and sublime. Meeting with the Holy, I joyfully love the Lord. ||1||Pause||	(ਸਿਮਰਨ ਦੀ ਬਰਕਤਿ ਨਾਲ ਹੀ ਮਨੁੱਖ) ਉੱਚੇ ਜੀਵਨ ਵਾਲੇ ਗੁਰਮੁਖ ਸਾਧ ਬਣ ਜਾਂਦੇ ਹਨ। ਸਾਧੂ ਜਨਾਂ ਨੂੰ ਮਿਲ ਕੇ ਪਰਮਾਤਮਾ ਦੇ ਮਿਲਾਪ ਦਾ ਆਨੰਦ ਮਾਣਨਾ ਚਾਹੀਦਾ ਹੈ ॥੧॥ ਰਹਾਉ ॥

56645	1324	ਜੀਅ ਜੰਤ ਸਭੁ ਜਗੁ ਹੈ ਜੇਤਾ ਮਨੁ ਡੋਲਤ ਡੋਲ ਕਰੀਜੈ॥	ਕ-ਰੀਜੈ	Jeea Janth Sabh Jag Hai Jaethaa Man Ddolath Ddol Kareejai ||	The minds of all the beings and creatures of the world waver unsteadily.	ਹੇ ਹਰੀ! ਇਹ ਜਿਤਨਾ ਭੀ ਸਾਰਾ ਜਗਤ ਹੈ (ਇਸ ਦੇ ਸਾਰੇ) ਜੀਵਾਂ ਦਾ ਮਨ (ਮਾਇਆ ਦੇ ਅਸਰ ਹੇਠ) ਹਰ ਵੇਲੇ ਡਾਵਾਂ-ਡੋਲ ਹੁੰਦਾ ਰਹਿੰਦਾ ਹੈ।
56646	1324	ਕ੍ਰਿਪਾ ਕ੍ਰਿਪਾ ਕਰਿ ਸਾਧੁ ਮਿਲਾਵਹੁ ਜਗੁ ਥੰਮਨ ਕਉ ਥੰਮੁ ਦੀਜੈ॥੧॥		Kirapaa Kirapaa Kar Saadhh Milaavahu Jag Thhanman Ko Thhanm Dheejai ||1||	Please take pity on them, be merciful to them, and unite them with the Holy; establish this support to support the world. ||1||	ਹੇ ਪ੍ਰਭੂ! ਮਿਹਰ ਕਰ, ਮਿਹਰ ਕਰ, (ਜੀਵਾਂ ਨੂੰ) ਗੁਰੂ ਮਿਲਾ (ਗੁਰੂ ਜਗਤ ਲਈ ਥੰਮ੍ਹ ਹੈ), ਜਗਤ ਨੂੰ ਸਹਾਰਾ ਦੇਣ ਲਈ (ਇਹ) ਥੰਮ੍ਹ ਦੇਹ ॥੧॥
56647	1324	ਬਸੁਧਾ ਤਲੈ ਤਲੈ ਸਭ ਊਪਰਿ ਮਿਲਿ ਸਾਧੂ ਚਰਨ ਰੁਲੀਜੈ॥	ਰੁ-ਲੀਜੈ	Basudhhaa Thalai Thalai Sabh Oopar Mil Saadhhoo Charan Ruleejai ||	The earth is beneath us, and yet its dust falls down on all; let yourself be covered by the dust of the feet of the Holy.	ਧਰਤੀ ਸਦਾ (ਜੀਵਾਂ ਦੇ) ਪੈਰਾਂ ਹੇਠ ਹੀ ਰਹਿੰਦੀ ਹੈ, (ਆਖ਼ਰ) ਸਭਨਾਂ ਦੇ ਉੱਤੇ ਆ ਜਾਂਦੀ ਹੈ। ਗੁਰੂ ਨੂੰ ਮਿਲ ਕੇ (ਸਭਨਾਂ ਦੇ) ਪੈਰਾਂ ਹੇਠ ਟਿਕੇ ਰਹਿਣਾ ਚਾਹੀਦਾ ਹੈ।
56648	1324	ਅਤਿ ਊਤਮ ਅਤਿ ਊਤਮ ਹੋਵਹੁ ਸਭ ਸਿਸਟਿ ਚਰਨ ਤਲ ਦੀਜੈ॥੨॥		Ath Ootham Ath Ootham Hovahu Sabh Sisatt Charan Thal Dheejai ||2||	You shall be utterly exalted, the most noble and sublime of all; the whole world will place itself at your feet. ||2||	(ਜੇ ਇਸ ਜੀਵਨ-ਰਾਹ ਤੇ ਤੁਰੋਗੇ ਤਾਂ) ਬੜੇ ਹੀ ਉੱਚੇ ਜੀਵਨ ਵਾਲੇ ਬਣ ਜਾਵੋਗੇ (ਨਿਮ੍ਰਤਾ ਦੀ ਬਰਕਤਿ ਨਾਲ) ਸਾਰੀ ਧਰਤੀ (ਆਪਣੇ) ਪੈਰਾਂ ਹੇਠ ਦਿੱਤੀ ਜਾ ਸਕਦੀ ਹੈ ॥੨॥

56649	1324	ਗੁਰਮੁਖਿ ਜੋਤਿ ਭਲੀ ਸਿਵ ਨੀਕੀ ਆਨਿ ਪਾਨੀ ਸਕਤਿ ਭਰੀਜੈ॥	(ਸਕਤਿ) ਮਾਇਆ। ਭ-ਰੀਜੈ	Guramukh Joth Bhalee Siv Neekee Aan Paanee Sakath Bhareejai ||	The Gurmukhs are blessed with the Divine Light of the Lord; Maya comes to serve them.	ਗੁਰੂ ਦੀ ਸਰਨ ਪਿਆਂ ਪਰਮਾਤਮਾ ਦੀ ਭਲੀ ਸੋਹਣੀ ਜੋਤਿ (ਮਨੁੱਖ ਦੇ ਅੰਦਰ ਜਗ ਪੈਂਦੀ ਹੈ, ਤਦੋਂ) ਮਾਇਆ (ਭੀ ਉਸ ਵਾਸਤੇ) ਲਿਆ ਕੇ ਪਾਣੀ ਭਰਦੀ ਹੈ (ਮਾਇਆ ਉਸ ਦੀ ਟਹਲਣ ਬਣਦੀ ਹੈ)।
56650	1324	ਮੈਨ ਦੰਤ ਨਿਕਸੇ ਗੁਰ ਬਚਨੀ ਸਾਰੁ ਚਬਿ ਚਬਿ ਹਰਿ ਰਸੁ ਪੀਜੈ॥੩॥	ਚੱਬਿ ਚੱਬਿ	Mainadhanth Nikasae Gur Bachanee Saar Chab Chab Har Ras Peejai ||3||	Through the Word of the Guru's Teachings, they bite with teeth of wax and chew iron, drinking in the Sublime Essence of the Lord. ||3||	ਗੁਰੂ ਦੇ ਬਚਨਾਂ ਦੀ ਰਾਹੀਂ ਉਸ ਦੇ ਹਿਰਦੇ ਵਿਚ (ਅਜਿਹੀ) ਕੋਮਲਤਾ ਪੈਦਾ ਹੁੰਦੀ ਹੈ ਕਿ ਬਲੀ ਵਿਕਾਰਾਂ ਨੂੰ ਵੱਸ ਵਿਚ ਕਰ ਕੇ ਪਰਮਾਤਮਾ ਦਾ ਨਾਮ-ਰਸ ਪੀਤਾ ਜਾ ਸਕਦਾ ਹੈ ॥੩॥
56651	1324	ਰਾਮ ਨਾਮ ਅਨੁਗ੍ਰਹੁ ਬਹੁ ਕੀਆ ਗੁਰ ਸਾਧੂ ਪੁਰਖ ਮਿਲੀਜੈ॥	ਅ-ਨੁੱਗ੍ਰਹੁ। ਮਿ-ਲੀਜੈ	Raam Naam Anugrahu Bahu Keeaa Gur Saadhhoo Purakh Mileejai ||	The Lord has shown great mercy, and bestowed His Name; I have met with the Holy Guru, the Primal Being.	ਸਾਧ ਗੁਰੂ ਪੁਰਖ ਨੂੰ ਮਿਲਣਾ ਚਾਹੀਦਾ ਹੈ, ਗੁਰੂ ਪਰਮਾਤਮਾ ਦਾ ਨਾਮ-ਦਾਨ ਦੇਣ ਦੀ ਮਿਹਰ ਕਰਦਾ ਹੈ।
56652	1324	ਗੁਨ ਰਾਮ ਨਾਮ ਬਿਸਥੀਰਨ ਕੀਏ ਹਰਿ ਸਗਲ ਭਵਨ ਜਸੁ ਦੀਜੈ॥੪॥		Gun Raam Naam Bisathheeran Keeeae Har Sagal Bhavan Jas Dheejai ||4||	The Glorious Praises of the Lord's Name have spread out everywhere; the Lord bestows fame all over the world. ||4||	ਗੁਰੂ ਪਰਮਾਤਮਾ ਦਾ ਨਾਮ ਪਰਮਾਤਮਾ ਦੇ ਗੁਣ (ਸਾਰੇ ਜਗਤ ਵਿਚ) ਖਿਲਾਰਦਾ ਹੈ, (ਗੁਰੂ ਦੀ ਰਾਹੀਂ) ਪਰਮਾਤਮਾ ਦੀ ਸਿਫ਼ਤ-ਸਾਲਾਹ ਸਾਰੇ ਭਵਨਾਂ ਵਿਚ ਵੰਡੀ ਜਾਂਦੀ ਹੈ ॥੪॥

56653	1324	ਸਾਧੂ ਸਾਧ ਸਾਧ ਮਨਿ ਪ੍ਰੀਤਮ ਬਿਨੁ ਦੇਖੇ ਰਹਿ ਨ ਸਕੀਜੈ॥	ਸ-ਕੀਜੈ	Saadhhoo Saadhh Saadhh Man Preetham Bin Dhaekhae Rehi N Sakeejai ||	The Beloved Lord is within the minds of the Holy, the Holy Saadhus; without seeing Him, they cannot survive.	ਸੰਤ ਜਨਾਂ ਦੇ ਮਨ ਵਿਚ (ਸਦਾ) ਪ੍ਰੀਤਮ ਪ੍ਰਭੂ ਜੀ ਵੱਸਦੇ ਹਨ, (ਪ੍ਰਭੂ ਦਾ) ਦਰਸਨ ਕਰਨ ਤੋਂ ਬਿਨਾ (ਉਹਨਾਂ ਪਾਸੋਂ) ਰਿਹਾ ਨਹੀਂ ਜਾ ਸਕਦਾ;
56654	1324	ਜਿਉ ਜਲ ਮੀਨ ਜਲੰ ਜਲ ਪ੍ਰੀਤਿ ਹੈ ਖਿਨੁ ਜਲ ਬਿਨੁ ਫੂਟਿ ਮਰੀਜੈ॥੫॥	ਮ-ਰੀਜੈ	Jio Jal Meen Jalan Jal Preeth Hai Khin Jal Bin Foott Mareejai ||5||	The fish in the water loves only the water. Without water, it bursts and dies in an instant. ||5||	ਜਿਵੇਂ ਪਾਣੀ ਦੀ ਮੱਛੀ ਦਾ ਹਰ ਵੇਲੇ ਪਾਣੀ ਨਾਲ ਹੀ ਪਿਆਰ ਹੈ, ਪਾਣੀ ਤੋਂ ਬਿਨਾ ਇਕ ਖਿਨ ਵਿਚ ਹੀ ਉਹ ਤੜਪ ਕੇ ਮਰ ਜਾਂਦੀ ਹੈ ॥੫॥
56655	1325	ਮਹਾ ਅਭਾਗ ਅਭਾਗ ਹੈ ਜਿਨ ਕੇ ਤਿਨ ਸਾਧੂ ਧੂਰਿ ਨ ਪੀਜੈ॥		Mehaa Abhaag Abhaag Hai Jin Kae Thin Saadhhoo Dhhoor N Peejai ||	Those who have terrible luck and bad fortune do not drink in the water which washes the dust of the feet of the Holy.	ਜਿਨ੍ਹਾਂ ਮਨੁੱਖਾਂ ਦੇ ਬਹੁਤ ਹੀ ਮੰਦੇ ਭਾਗ ਹੁੰਦੇ ਹਨ, ਉਹਨਾਂ ਨੂੰ ਸੰਤ ਜਨਾਂ ਦੇ ਚਰਨਾਂ ਦੀ ਧੂੜ ਨਸੀਬ ਨਹੀਂ ਹੁੰਦੀ।
56656	1325	ਤਿਨਾ ਤਿਸਨਾ ਜਲਤ ਜਲਤ ਨਹੀ ਬੂਝਹਿ ਡੰਡੁ ਧਰਮਰਾਇ ਕਾ ਦੀਜੈ॥੬॥	ਬੂਝਹਿ: ਪੋਲਾ ਬੋਲੋ	Thinaa Thisanaa Jalath Jalath Nehee Boojhehi Ddandd Dhharam Raae Kaa Dheejai ||6||	The burning fire of their desires is not extinguished; they are beaten and punished by the Righteous Judge of Dharma. ||6||	ਉਹਨਾਂ ਦੇ ਅੰਦਰ ਤ੍ਰਿਸ਼ਨਾ ਦੀ ਅੱਗ ਲੱਗੀ ਰਹਿੰਦੀ ਹੈ, (ਉਸ ਅੱਗ ਵਿਚ) ਹਰ ਵੇਲੇ ਸੜਦਿਆਂ ਦੇ ਅੰਦਰ ਠੰਢ ਨਹੀਂ ਪੈਂਦੀ, (ਇਹ ਉਹਨਾਂ ਨੂੰ) ਧਰਮਰਾਜ ਦੀ ਸਜ਼ਾ ਮਿਲਦੀ ਹੈ ॥੬॥

56657	1325	ਸਭਿ ਤੀਰਥ ਬਰਤ ਜਗ੍ਹ ਪੁੰਨ ਕੀਏ ਹਿਵੈ ਗਾਲਿ ਗਾਲਿ ਤਨੁ ਛੀਜੈ॥	ਗਾਲਿ: ਲੱਲਾ ਭਾਰਾ ਨਹੀਂ ਬੋਲਣਾ। ਜਗ੍ਹ: ਜੱਗਿਅ	Sabh Theerathh Barath Jagy Punn Keeeae Hivai Gaal Gaal Than Shheejai ||	You may visit all the sacred shrines, observe fasts and sacred feasts, give generously in charity and waste away the body, melting it in the snow.	ਜੇ ਸਾਰੇ ਤੀਰਥਾਂ ਦੇ ਇਸ਼ਨਾਨ, ਅਨੇਕਾਂ ਵਰਤ, ਜੱਗ ਤੇ ਹੋਰ (ਇਹੋ ਜਿਹੇ) ਪੁੰਨ-ਦਾਨ ਕੀਤੇ ਜਾਣ, (ਪਹਾੜਾਂ ਦੀਆਂ ਖੁੰਦ੍ਰਾਂ ਵਿਚ) ਬਰਫ਼ ਵਿਚ ਗਾਲ ਗਾਲ ਕੇ ਸਰੀਰ ਨਾਸ ਕੀਤਾ ਜਾਏ,
56658	1325	ਅਤੁਲਾ ਤੋਲੁ ਰਾਮ ਨਾਮੁ ਹੈ ਗੁਰਮਤਿ ਕੋ ਪੁਜੈ ਨ ਤੋਲ ਤੁਲੀਜੈ॥੭॥	ਅ-ਤੁੱਲਾ ਪੁੱਜੈ।ਤੁ-ਲੀਜੈ	Athulaa Thol Raam Naam Hai Guramath Ko Pujai N Thol Thuleejai ||7||	The weight of the Lord's Name is unweighable, according to the Guru's Teachings; nothing can equal its weight. ||7||	(ਤਾਂ ਭੀ ਇਹਨਾਂ ਸਾਰੇ ਸਾਧਨਾਂ ਵਿਚੋਂ) ਕੋਈ ਭੀ ਸਾਧਨ ਪਰਮਾਤਮਾ ਦੇ ਨਾਮ ਦੀ ਬਰਾਬਰੀ ਨਹੀਂ ਕਰ ਸਕਦਾ। ਪਰਮਾਤਮਾ ਦਾ ਨਾਮ ਐਸਾ ਹੈ ਕਿ ਕੋਈ ਭੀ ਤੋਲ ਉਸ ਨੂੰ ਤੋਲ ਨਹੀਂ ਸਕਦਾ, ਉਹ ਮਿਲਦਾ ਹੈ ਗੁਰੂ ਦੀ ਮੱਤ ਤੇ ਤੁਰਿਆਂ ॥੭॥
56659	1325	ਤਵ ਗੁਨ ਬ੍ਰਹਮ ਬ੍ਰਹਮ ਤੂ ਜਾਨਹਿ ਜਨ ਨਾਨਕ ਸਰਨਿ ਪਰੀਜੈ॥	ਪ-ਰੀਜੈ	Thav Gun Breham Breham Thoo Jaanehi Jan Naanak Saran Pareejai ||	O God, You alone know Your Glorious Virtues. Servant Nanak seeks Your Sanctuary.	ਹੇ ਦਾਸ ਨਾਨਕ! ਹੇ ਪ੍ਰਭੂ! ਤੇਰੇ ਗੁਣ ਤੂੰ (ਆਪ ਹੀ) ਜਾਣਦਾ ਹੈਂ (ਮਿਹਰ ਕਰ, ਅਸੀਂ ਜੀਵ ਤੇਰੀ ਹੀ) ਸਰਨ ਪਏ ਰਹੀਏ।

56660	1325	ਤੂ ਜਲਨਿਧਿ ਮੀਨ ਹਮ ਤੇਰੇ ਕਰਿ ਕਿਰਪਾ ਸੰਗਿ ਰਖੀਜੈ॥੮॥੩॥	ਰ-ਖੀਜੈ	Thoo Jal Nidhh Meen Ham Thaerae Kar Kirapaa Sang Rakheejai ||8||3||	You are the Ocean of water, and I am Your fish. Please be kind, and keep me always with You. ||8||3||	ਤੂੰ (ਸਾਡਾ) ਸਮੁੰਦਰ ਹੈਂ, ਅਸੀਂ ਜੀਵ ਤੇਰੀਆਂ ਮੱਛੀਆਂ ਹਾਂ, ਮਿਹਰ ਕਰ ਕੇ (ਸਾਨੂੰ ਆਪਣੇ) ਨਾਲ ਹੀ ਰੱਖੀ ਰੱਖ ॥੮॥੩॥
56661	1325	ਕਲਿਆਨ ਮਹਲਾ ੪॥		Kaliaan Mehalaa 4 ||	Kalyaan, Fourth Mehl:	
56662	1325	ਰਾਮਾ ਰਮ ਰਾਮੋ ਪੂਜ ਕਰੀਜੈ॥	ਕ-ਰੀਜੈ	Raamaa Ram Raamo Pooj Kareejai ||	I worship and adore the Lord, the All-pervading Lord.	ਸਦਾ ਸਰਬ-ਵਿਆਪਕ ਪਰਮਾਤਮਾ ਦੀ ਭਗਤੀ ਕਰਨੀ ਚਾਹੀਦੀ ਹੈ।
56663	1325	ਮਨੁ ਤਨੁ ਅਰਪਿ ਧਰਉ ਸਭੁ ਆਗੈ ਰਸੁ ਗੁਰਮਤਿ ਗਿਆਨੁ ਦ੍ਰਿੜੀਜੈ॥੧॥ਰਹਾਉ॥	ਦ੍ਰਿ-ੜੀਜੈ	Man Than Arap Dhharo Sabh Aagai Ras Guramath Giaan Dhrirreejai ||1|| Rehaao ||	I surrender my mind and body, and place everything before Him; following the Guru's Teachings, spiritual wisdom is implanted within me. ||1||Pause||	ਜੇ ਕੋਈ ਮੇਰੇ ਹਿਰਦੇ ਵਿਚ ਗੁਰਮੱਤ ਦੀ ਰਾਹੀਂ ਪਰਮਾਤਮਾ ਦੇ ਨਾਮ ਦਾ ਆਨੰਦ ਅਤੇ ਆਤਮਕ ਜੀਵਨ ਦੀ ਸੂਝ ਪੱਕੀ ਕਰ ਦੇਵੇ ਤਾਂ ਮੈਂ ਆਪਣਾ ਮਨ ਆਪਣਾ ਤਨ ਸਭ ਕੁਝ ਉਸ ਦੇ ਅੱਗੇ ਭੇਟਾ ਰੱਖ ਦਿਆਂ ॥੧॥ ਰਹਾਉ ॥
56664	1325	ਬ੍ਰਹਮ ਨਾਮ ਗੁਣ ਸਾਖ ਤਰੋਵਰ ਨਿਤ ਚੁਨਿ ਚੁਨਿ ਪੂਜ ਕਰੀਜੈ॥	ਕ-ਰੀਜੈ	Breham Naam Gun Saakh Tharovar Nith Chun Chun Pooj Kareejai ||	God's Name is the tree, and His Glorious Virtues are the branches. Picking and gathering up the fruit, I worship Him.	ਪਰਮਾਤਮਾ ਦਾ ਨਾਮ ਪਰਮਾਤਮਾ ਦੇ ਗੁਣ ਹੀ ਰੁੱਖਾਂ ਦੀਆਂ ਸ਼ਾਖ਼ਾਂ ਹਨ (ਜਿਨ੍ਹਾਂ ਨਾਲੋਂ ਨਾਮ ਅਤੇ ਸਿਫ਼ਤ-ਸਾਲਾਹ ਦੇ ਫੁੱਲ ਹੀ) ਚੁਣ ਚੁਣ ਕੇ ਪਰਮਾਤਮ-ਦੇਵ ਦੀ ਪੂਜਾ ਕਰਨੀ ਚਾਹੀਦੀ ਹੈ।

56665	1325	ਆਤਮ ਦੇਉ ਦੇਉ ਹੈ ਆਤਮੁ ਰਸਿ ਲਾਗੈ ਪੂਜ ਕਰੀਜੈ॥੧॥		Aatham Dhaeo Dhaeo Hai Aatham Ras Laagai Pooj Kareejai ||1||	The soul is divine; divine is the soul. Worship Him with love. ||1||	ਪਰਮਾਤਮਾ ਹੀ (ਪੂਜਣ-ਜੋਗ) ਦੇਵਤਾ ਹੈ, (ਪਰਮਾਤਮਾ ਦੇ ਨਾਮ-) ਰਸ ਵਿਚ ਲੱਗ ਕੇ ਪਰਮਾਤਮਾ ਦੀ ਹੀ ਭਗਤੀ ਕਰਨੀ ਚਾਹੀਦੀ ਹੈ ॥੧॥
56666	1325	ਬਿਬੇਕ ਬੁਧਿ ਸਭ ਜਗ ਮਹਿ ਨਿਰਮਲ ਬਿਚਰਿ ਬਿਚਰਿ ਰਸੁ ਪੀਜੈ॥	ਬਿਚ-ਰਿ ਬਿਚ-ਰਿ: ਪੋਲੇ ਬੋਲੋ ਮਿਲਵੇਂ	Bibaek Budhh Sabh Jag Mehi Niramal Bichar Bichar Ras Peejai ||	One of keen intellect and precise understanding is immaculate in all this world. In thoughtful consideration, he drinks in the sublime essence.	(ਹੋਰ ਸਭ ਚਤੁਰਾਈਆਂ ਨਾਲੋਂ) ਜਗਤ ਵਿਚ ਚੰਗੇ ਮੰਦੇ ਕਰਮ ਦੀ ਪਰਖ ਕਰ ਸਕਣ ਵਾਲੀ ਅਕਲ ਹੀ ਸਭ ਤੋਂ ਪਵਿੱਤਰ ਹੈ। (ਇਸ ਦੀ ਸਹਾਇਤਾ ਨਾਲ ਪਰਮਾਤਮਾ ਦੇ ਗੁਣ ਮਨ ਵਿਚ) ਵਸਾ ਵਸਾ ਕੇ (ਆਤਮਕ ਜੀਵਨ ਦੇਣ ਵਾਲਾ ਨਾਮ-) ਰਸ ਪੀਣਾ ਚਾਹੀਦਾ ਹੈ।
56667	1325	ਗੁਰ ਪਰਸਾਦਿ ਪਦਾਰਥੁ ਪਾਇਆ ਸਤਿਗੁਰ ਕਉ ਇਹੁ ਮਨੁ ਦੀਜੈ॥੨॥		Gur Parasaadh Padhaarathh Paaeiaa Sathigur Ko Eihu Man Dheejai ||2||	By Guru's Grace, the treasure is found; dedicate this mind to the True Guru. ||2||	ਇਹ ਨਾਮ-ਪਦਾਰਥ ਗੁਰੂ ਦੀ ਕਿਰਪਾ ਨਾਲ (ਹੀ) ਮਿਲਦਾ ਹੈ, ਆਪਣਾ ਇਹ ਮਨ ਗੁਰੂ ਦੇ ਹਵਾਲੇ ਕਰ ਦੇਣਾ ਚਾਹੀਦਾ ਹੈ ॥੨॥
56668	1325	ਨਿਰਮੋਲਕੁ ਅਤਿ ਹੀਰੋ ਨੀਕੋ ਹੀਰੈ ਹੀਰੁ ਬਿਧੀਜੈ॥	ਬਿ-ਧੀਜੈ	Niramolak Ath Heero Neeko Heerai Heer Bidhheejai ||	Priceless and utterly sublime is the Diamond of the Lord. This Diamond pierces the diamond of the mind.	ਪਰਮਾਤਮਾ ਦਾ ਨਾਮ-ਹੀਰਾ ਬਹੁਤ ਹੀ ਕੀਮਤੀ ਹੈ ਬਹੁਤ ਹੀ ਸੋਹਣਾ ਹੈ, ਇਸ ਨਾਮ-ਹੀਰੇ ਨਾਲ (ਆਪਣੇ ਮਨ-) ਹੀਰੇ ਨੂੰ ਸਦਾ ਪ੍ਰੋ ਰੱਖਣਾ ਚਾਹੀਦਾ ਹੈ।

56669	1325	ਮਨੁ ਮੋਤੀਸਾਲੁ ਹੈ ਗੁਰ ਸਬਦੀ ਜਿਤੁ ਹੀਰਾ ਪਰਖਿ ਲਈਜੈ॥੩॥	(ਮੋਤੀਸਾਲੁ) ਜੌਹਰੀ। ਗੁਰੂ ਸ਼ਬਦ ਵਾਹਿਗੁਰੂ ਅਭਿਆਸ ਦੁਆਰਾ, ਮਨ ਜੌਹਰੀ ਬਣ ਜਾਂਦਾ ਹੈ, ਜਿਸ ਰਾਹੀਂ ਨਾਮ ਹੀਰਾ ਪਰਖ (ਲਈਜੈ) ਲਈਦਾ ਹੈ।ਲ-ਈਜੈ	Man Mothee Saal Hai Gur Sabadhee Jith Heeraa Parakh Leejai ||3||	The mind becomes the jeweller, through the Word of the Guru's Shabad; it appraises the Diamond of the Lord. ||3||	ਗੁਰੂ ਦੇ ਸ਼ਬਦ ਦੀ ਰਾਹੀਂ ਇਹ ਮਨ ਸ੍ਰੇਸ਼ਟ ਮੋਤੀ ਬਣ ਸਕਦਾ ਹੈ, ਕਿਉਂਕਿ ਸ਼ਬਦ ਦੀ ਬਰਕਤਿ ਨਾਲ ਨਾਮ ਹੀਰੇ ਦੀ ਕਦਰ-ਕੀਮਤ ਦੀ ਸਮਝ ਪੈ ਜਾਂਦੀ ਹੈ ॥੩॥
56670	1325	ਸੰਗਤਿ ਸੰਤਸੰਗਿ ਲਗਿ ਊਚੇ ਜਿਉ ਪੀਪ ਪਲਾਸ ਖਾਇ ਲੀਜੈ॥		Sangath Santh Sang Lag Oochae Jio Peep Palaas Khaae Leejai ||	Attaching oneself to the Society of the Saints, one is exalted and uplifted, as the palaas tree is absorbed by the peepal tree.	ਸੰਤ-ਜਨਾਂ ਦੀ ਸੰਗਤ ਵਿਚ ਰਹਿ ਕੇ ਸੰਤ-ਜਨਾਂ ਦੀ ਚਰਨੀਂ ਲੱਗ ਕੇ ਉੱਚੇ ਜੀਵਨ ਵਾਲੇ ਬਣ ਸਕੀਦਾ ਹੈ। ਜਿਵੇਂ ਛਿਛਰੇ ਨੂੰ ਪਿੱਪਲ ਆਪਣੇ ਵਿਚ ਲੀਨ ਕਰ (ਕੇ ਆਪਣੇ ਵਰਗਾ ਹੀ ਬਣਾ) ਲੈਂਦਾ ਹੈ,
56671	1325	ਸਭ ਨਰ ਮਹਿ ਪ੍ਰਾਨੀ ਊਤਮੁ ਹੋਵੈ ਰਾਮ ਨਾਮੈ ਬਾਸੁ ਬਸੀਜੈ॥੪॥	ਬ-ਸੀਜੈ	Sabh Nar Mehi Praanee Ootham Hovai Raam Naamai Baas Baseejai ||4||	That mortal being is supreme among all people, who is perfumed by the fragrance of the Lord's Name. ||4||	(ਇਸੇ ਤਰ੍ਹਾਂ ਜਿਸ ਮਨੁੱਖ ਵਿਚ) ਪਰਮਾਤਮਾ ਦੇ ਨਾਮ ਦੀ ਸੁਗੰਧੀ ਵੱਸ ਜਾਂਦੀ ਹੈ, ਉਹ ਮਨੁੱਖ ਸਭ ਪ੍ਰਾਣੀਆਂ ਵਿਚੋਂ ਉੱਚੇ ਜੀਵਨ ਵਾਲਾ ਬਣ ਜਾਂਦਾ ਹੈ ॥੪॥
56672	1325	ਨਿਰਮਲ ਨਿਰਮਲ ਕਰਮ ਬਹੁ ਕੀਨੇ ਨਿਤ ਸਾਖਾ ਹਰੀ ਜੜੀਜੈ॥	ਜ-ੜੀਜੈ	Niramal Niramal Karam Bahu Keenae Nith Saakhaa Haree Jarreejai ||	One who continually acts in goodness and immaculate purity, sprouts green branches in great abundance.	(ਗੁਰਮਤ ਦੀ ਬਰਕਤਿ ਨਾਲ ਜਿਸ ਮਨੁੱਖ ਨੇ) ਵਿਕਾਰਾਂ ਦੀ ਮੈਲ ਤੋਂ ਬਚਾਣ ਵਾਲੇ ਕੰਮ ਨਿੱਤ ਕਰਨੇ ਸ਼ੁਰੂ ਕੀਤੇ, (ਉਸ ਦੇ ਜੀਵਨ-ਰੁੱਖ ਉਤੇ, ਮਾਨੋ, ਇਹ) ਹਰੀ ਸ਼ਾਖ਼ ਸਦਾ ਉੱਗਦੀ ਰਹਿੰਦੀ ਹੈ,

56673	1325	ਧਰਮੁ ਫੁਲੁ ਫਲੁ ਗੁਰਿ ਗਿਆਨੁ ਦ੍ਰਿੜਾਇਆ ਬਹਕਾਰ ਬਾਸੁ ਜਗਿ ਦੀਜੈ॥੫॥	(ਬਹ-ਕਾਰ) ਮਹਿਕਾਰ	Dhharam Ful Fal Gur Giaan Dhrirraaeiaa Behakaar Baas Jag Dheejai ||5||	The Guru has taught me that Dharmic faith is the flower, and spiritual wisdom is the fruit; this fragrance permeates the world. ||5||	(ਜਿਸ ਨੂੰ) ਧਰਮ-ਰੂਪ ਫੁੱਲ ਲੱਗਦਾ ਰਹਿੰਦਾ ਹੈ, ਅਤੇ ਗੁਰੂ ਦੀ ਰਾਹੀਂ ਮਿਲੀ ਆਤਮਕ ਜੀਵਨ ਦੀ ਸੂਝ (ਦਾ) ਫਲ ਲੱਗਦਾ ਹੈ। (ਇਸ ਫੁੱਲ ਦੀ) ਮਹਕਾਰ ਸੁਗੰਧੀ (ਸਾਰੇ) ਜਗਤ ਵਿਚ ਖਿਲਰਦੀ ਹੈ ॥੫॥
56674	1325	ਏਕ ਜੋਤਿ ਏਕੋ ਮਨਿ ਵਸਿਆ ਸਭ ਬ੍ਰਹਮ ਦ੍ਰਿਸਟਿ ਇਕੁ ਕੀਜੈ॥		Eaek Joth Eaeko Man Vasiaa Sabh Breham Dhrisatt Eik Keejai ||	The One, the Light of the One, abides within my mind; God, the One, is seen in all.	(ਸਾਰੇ ਜਗਤ ਵਿਚ) ਇਕ (ਪਰਮਾਤਮਾ) ਦੀ ਜੋਤਿ (ਹੀ ਵੱਸਦੀ ਹੈ), ਇਕ ਪਰਮਾਤਮਾ ਹੀ (ਸਭਨਾਂ ਦੇ) ਮਨ ਵਿਚ ਵੱਸਦਾ ਹੈ, ਸਾਰੀ ਲੁਕਾਈ ਵਿਚ ਸਿਰਫ਼ ਪਰਮਾਤਮਾ ਨੂੰ ਵੇਖਣ ਵਾਲੀ ਨਿਗਾਹ ਹੀ ਬਣਾਈ ਚਾਹੀਦੀ ਹੈ।
56675	1325	ਆਤਮ ਰਾਮੁ ਸਭ ਏਕੈ ਹੈ ਪਸਰੇ ਸਭ ਚਰਨ ਤਲੇ ਸਿਰੁ ਦੀਜੈ॥੬॥		Aatham Raam Sabh Eaekai Hai Pasarae Sabh Charan Thalae Sir Dheejai ||6||	The One Lord, the Supreme Soul, is spread out everywhere; all place their heads beneath His Feet. ||6||	ਸਾਰੀ ਸ੍ਰਿਸ਼ਟੀ ਵਿਚ ਇਕ ਪਰਮਾਤਮਾ ਹੀ ਪਸਾਰਾ ਪਸਾਰ ਰਿਹਾ ਹੈ, (ਇਸ ਵਾਸਤੇ) ਸਭਨਾਂ ਦੇ ਚਰਨਾਂ ਹੇਠ (ਆਪਣਾ) ਸਿਰ ਰੱਖਣਾ ਚਾਹੀਦਾ ਹੈ ॥੬॥
56676	1325	ਨਾਮ ਬਿਨਾ ਨਕਟੇ ਨਰ ਦੇਖਹੁ ਤਿਨ ਘਸਿ ਘਸਿ ਨਾਕ ਵਢੀਜੈ॥	ਵ-ਢੀਜੈ	Naam Binaa Nakattae Nar Dhaekhahu Thin Ghas Ghas Naak Vadteejai ||	Without the Naam, the Name of the Lord, people look like criminals with their noses cut off; bit by bit, their noses are cut off.	ਵੇਖੋ, ਜਿਹੜੇ ਮਨੁੱਖ ਪਰਮਾਤਮਾ ਦੇ ਨਾਮ ਤੋਂ ਵਾਂਜੇ ਰਹਿੰਦੇ ਹਨ ਉਹ ਨਿਰਾਦਰੀ ਹੀ ਕਰਾਂਦੇ ਹਨ, ਉਹਨਾਂ ਦੀ ਸਦਾ ਨੱਕ-ਵੱਢੀ ਹੁੰਦੀ ਰਹਿੰਦੀ ਹੈ।

56677	1325	ਸਾਕਤ ਨਰ ਅਹੰਕਾਰੀ ਕਹੀਅਹਿ ਬਿਨੁ ਨਾਵੈ ਧ੍ਰਿਗੁ ਜੀਵੀਜੈ॥੭॥	ਜੀ-ਵੀਜੈ	Saakath Nar Ahankaaree Keheeahi Bin Naavai Dhhrig Jeeveejai ||7||	The faithless cynics are called egotistical; without the Name, their lives are cursed. ||7||	ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਅਹੰਕਾਰੀ ਹੀ ਆਖੇ ਜਾਂਦੇ ਹਨ। ਨਾਮ ਤੋਂ ਬਿਨਾ ਜੀਵਿਆ ਜੀਵਨ ਫਿਟਕਾਰ-ਜੋਗ ਹੀ ਹੁੰਦਾ ਹੈ ॥੭॥
56678	1325	ਜਬ ਲਗੁ ਸਾਸੁ ਸਾਸੁ ਮਨ ਅੰਤਰਿ ਤਤੁ ਬੇਗਲ ਸਰਨਿ ਪਰੀਜੈ॥	ਪ-ਰੀਜੈ	Jab Lag Saas Saas Man Anthar Thath Baegal Saran Pareejai ||	As long as the breath breathes through the mind deep within, hurry and seek God's Sanctuary.	ਜਦ ਤਹੈਕ ਮਨ ਵਿਚ (ਭਾਵ, ਸਰੀਰ ਵਿਚ) ਇੱਕ ਸਾਹ ਭੀ ਆ ਰਿਹਾ ਹੈ, ਤਦ ਤਕ ਪੂਰੀ ਸਰਧਾ ਨਾਲ ਪਰਮਾਤਮਾ ਦੀ ਸਰਨ ਪਏ ਰਹਿਣਾ ਚਾਹੀਦਾ ਹੈ।
56679	1325	ਨਾਨਕ ਕ੍ਰਿਪਾ ਕ੍ਰਿਪਾ ਕਰਿ ਧਾਰਹੁ ਮੈ ਸਾਧੂ ਚਰਨ ਪਖੀਜੈ॥੮॥੪॥	ਪ-ਖੀਜੈ	Naanak Kirapaa Kirapaa Kar Dhhaarahu Mai Saadhhoo Charan Pakheejai ||8||4||	Please shower Your Kind Mercy and take pity upon Nanak, that he may wash the feet of the Holy. ||8||4||	ਨਾਨਕ (ਆਖਦਾ ਹੈ- ਹੇ ਪ੍ਰਭੂ! ਮੇਰੇ ਉਤੇ) ਮਿਹਰ ਕਰ, ਮਿਹਰ ਕਰ, ਮੈਂ ਤੇਰੇ ਸੰਤ-ਜਨਾਂ ਦੇ ਚਰਨ ਧੋਂਦਾ ਰਹਾਂ ॥੮॥੪॥
56680	1325	ਕਲਿਆਨ ਮਹਲਾ ੪॥		Kaliaan Mehalaa 4 ||	Kalyaan, Fourth Mehl:	
56681	1325	ਰਾਮਾ ਮੈ ਸਾਧੂ ਚਰਨ ਧੁਵੀਜੈ॥	ਧੁ-ਵੀਜੈ	Raamaa Mai Saadhhoo Charan Dhhuveejai ||	O Lord, I wash the feet of the Holy.	ਹੇ ਮੇਰੇ ਰਾਮ! ਮੈਂ ਗੁਰੂ ਦੇ ਚਰਨ (ਨਿੱਤ) ਧੋਂਦਾ ਰਹਾਂ,

56682	1325	ਕਿਲਬਿਖ ਦਹਨ ਹੋਹਿ ਖਿਨ ਅੰਤਰਿ ਮੇਰੇ ਠਾਕੁਰ ਕਿਰਪਾ ਕੀਜੈ॥੧॥ਰਹਾਉ॥		Kilabikh Dhehan Hohi Khin Anthar Maerae Thaakur Kirapaa Keejai ||1|| Rehaao ||	May my sins be burnt away in an instant; O my Lord and Master, please bless me with Your Mercy. ||1||Pause||	ਹੇ ਮੇਰੇ ਠਾਕੁਰ! ਮੇਰੇ ਉੱਤੇ (ਇਹ) ਮਿਹਰ ਕਰ। (ਗੁਰੂ ਦੀ ਸਰਨ ਪਏ ਰਿਹਾਂ) ਇਕ ਖਿਨ ਵਿਚ ਸਾਰੇ ਪਾਪ ਸੜ ਜਾਂਦੇ ਹਨ ॥੧॥ ਰਹਾਉ ॥
56683	1325	ਮੰਗਤ ਜਨ ਦੀਨ ਖਰੇ ਦਰਿ ਠਾਢੇ ਅਤਿ ਤਰਸਨ ਕਉ ਦਾਨੁ ਦੀਜੈ॥		Mangath Jan Dheen Kharae Dhar Thaadtae Ath Tharasan Ko Dhaan Dheejai ||	The meek and humble beggars stand begging at Your Door. Please be generous and give to those who are yearning.	ਹੇ ਪ੍ਰਭੂ! (ਤੇਰੇ ਦਰ ਦੇ) ਨਿਮਾਣੇ ਮੰਗਤੇ (ਤੇਰੇ) ਦਰ ਤੇ ਖਲੋਤੇ ਹੋਏ ਹਨ, ਬਹੁਤ ਤਰਸ ਰਿਹਾਂ ਨੂੰ (ਇਹ) ਖ਼ੈਰ ਪਾ।
56684	1325	ਤ੍ਰਾਹਿ ਤ੍ਰਾਹਿ ਸਰਨਿ ਪ੍ਰਭ ਆਏ ਮੋਕਉ ਗੁਰਮਤਿ ਨਾਮੁ ਦ੍ਰਿੜੀਜੈ॥੧॥	ਦ੍ਰਿ-ੜੀਜੈ	Thraahi Thraahi Saran Prabh Aaeae Mo Ko Guramath Naam Dhrirreejai ||1||	Save me, save me, O God - I have come to Your Sanctuary. Please implant the Guru's Teachings, and the Naam within me. ||1||	ਹੇ ਪ੍ਰਭੂ! (ਇਹਨਾਂ ਪਾਪਾਂ ਤੋਂ) ਬਚਾ ਲੈ, ਬਚਾ ਲੈ, (ਅਸੀਂ ਤੇਰੀ) ਸਰਨ ਆ ਪਏ ਹਾਂ। ਹੇ ਪ੍ਰਭੂ! ਗੁਰੂ ਦੀ ਮੱਤ ਦੀ ਰਾਹੀਂ (ਆਪਣਾ) ਨਾਮ ਮੇਰੇ ਅੰਦਰ ਪੱਕਾ ਕਰ ॥੧॥
56685	1325	ਕਾਮ ਕਰੋਧੁ ਨਗਰ ਮਹਿ ਸਬਲਾ ਨਿਤ ਉਠਿ ਉਠਿ ਜੂਝੁ ਕਰੀਜੈ॥	ਨੱਗਰ। ਕ-ਰੀਜੈ	Kaam Karodhh Nagar Mehi Sabalaa Nith Outh Outh Joojh Kareejai ||	Sexual desire and anger are very powerful in the body-village; I rise up to fight the battle against them.	ਹੇ ਪ੍ਰਭੂ! (ਅਸਾਂ ਜੀਵਾਂ ਦੇ ਸਰੀਰ-) ਨਗਰ ਵਿਚ ਕਾਮ ਕ੍ਰੋਧ (ਆਦਿਕ ਹਰੇਕ ਵਿਕਾਰ) ਬਲਵਾਨ ਹੋਇਆ ਰਹਿੰਦਾ ਹੈ, ਸਦਾ ਉੱਠ ਉੱਠ ਕੇ (ਇਹਨਾਂ ਨਾਲ) ਜੁੱਧ ਕਰਨਾ ਪੈਂਦਾ ਹੈ।

56686	1325	ਅੰਗੀਕਾਰੁ ਕਰਹੁ ਰਖਿ ਲੇਵਹੁ ਗੁਰ ਪੂਰਾ ਕਾਢਿ ਕਢੀਜੈ॥੨॥	ਕ-ਢੀਜੈ	Angeekaar Karahu Rakh Laevahu Gur Pooraa Kaadt Kadteejai ||2||	Please make me Your Own and save me; through the Perfect Guru, I drive them out. ||2||	ਹੇ ਪ੍ਰਭੂ! ਸਹਾਇਤਾ ਕਰ, (ਇਹਨਾਂ ਤੋਂ) ਬਚਾ ਲੈ। ਪੂਰਾ ਗੁਰੂ (ਮਿਲਾ ਕੇ ਇਹਨਾਂ ਦੇ ਪੰਜੇ ਵਿਚੋਂ) ਕੱਢ ਲੈ ॥੨॥
56687	1325	ਅੰਤਰਿ ਅਗਨਿ ਸਬਲ ਅਤਿ ਬਿਖਿਆ ਹਿਵ ਸੀਤਲੁ ਸਬਦੁ ਗੁਰ ਦੀਜੈ॥		Anthar Agan Sabal Ath Bikhiaa Hiv Seethal Sabadh Gur Dheejai ||	The powerful fire of corruption is raging violently within; the Word of the Guru's Shabad is the ice water which cools and soothes.	(ਜੀਵਾਂ ਦੇ) ਅੰਦਰ ਮਾਇਆ (ਦੀ ਤ੍ਰਿਸ਼ਨਾ) ਦੀ ਅੱਗ ਬਹੁਤ ਭੜਕ ਰਹੀ ਹੈ। ਬਰਫ਼ ਵਰਗਾ ਗੁਰੂ ਦਾ ਠੰਢਾ-ਠਾਰ ਸ਼ਬਦ ਦੇਹ, (ਤਾ ਕਿ) ਤਨ ਵਿਚ ਮਨ ਵਿਚ ਬਹੁਤ ਸ਼ਾਂਤੀ ਪੈਦਾ ਹੋ ਜਾਏ।
56688	1326	ਤਨਿ ਮਨਿ ਸਾਂਤਿ ਹੋਇ ਅਧਿਕਾਈ ਰੋਗੁ ਕਾਟੈ ਸੂਖਿ ਸਵੀਜੈ॥੩॥	ਸ-ਵੀਜੈ	Than Man Saanth Hoe Adhhikaaee Rog Kaattai Sookh Saveejai ||3||	My mind and body are calm and tranquil; the disease has been cured, and now I sleep in peace. ||3||	(ਗੁਰੂ ਦਾ ਸ਼ਬਦ ਜੀਵਾਂ ਦੇ ਹਰੇਕ) ਰੋਗ ਕੱਟ ਦੇਂਦਾ ਹੈ, (ਗੁਰੂ ਦੇ ਸ਼ਬਦ ਦੀ ਬਰਕਤਿ ਨਾਲ) ਆਤਮਕ ਆਨੰਦ ਵਿਚ ਮਗਨ ਰਹਿ ਸਕੀਦਾ ਹੈ ॥੩॥
56689	1326	ਜਿਉ ਸੂਰਜੁ ਕਿਰਣਿ ਰਵਿਆ ਸਰਬ ਠਾਈ ਸਭ ਘਟਿ ਘਟਿ ਰਾਮੁ ਰਵੀਜੈ॥	ਰ-ਵੀਜੈ	Jio Sooraj Kiran Raviaa Sarab Thaaee Sabh Ghatt Ghatt Raam Raveejai ||	As the rays of the sun spread out everywhere, the Lord pervades each and every heart.	ਜਿਵੇਂ ਸੂਰਜ (ਆਪਣੀ) ਕਿਰਣ ਦੀ ਰਾਹੀਂ ਸਭਨੀਂ ਥਾਈਂ ਪਹੁੰਚਿਆ ਹੋਇਆ ਹੈ, (ਤਿਵੇਂ) ਪਰਮਾਤਮਾ ਸਾਰੀ ਲੁਕਾਈ ਵਿਚ ਹਰੇਕ ਸਰੀਰ ਵਿਚ ਵਿਆਪਕ ਹੈ।

56690	1326	ਸਾਧੂ ਸਾਧ ਮਿਲੇ ਰਸੁ ਪਾਵੈ ਤਤੁ ਨਿਜ ਘਰਿ ਬੈਠਿਆ ਪੀਜੈ॥੪॥		Saadhhoo Saadhh Milae Ras Paavai Thath Nij Ghar Baithiaa Peejai ||4||	Meeting the Holy Saint, one drinks in the Sublime Essence of the Lord; sitting in the home of your own inner being, drink in the essence. ||4||	ਜਿਸ ਮਨੁੱਖ ਨੂੰ ਸੰਤ-ਜਨ ਮਿਲ ਪੈਂਦੇ ਹਨ, ਉਹ (ਮਿਲਾਪ ਦੇ) ਸੁਆਦ ਨੂੰ ਮਾਣਦਾ ਹੈ। (ਸੰਤ ਜਨਾਂ ਦੀ ਸੰਗਤ ਨਾਲ) ਪ੍ਰਭੂ-ਚਰਨਾਂ ਵਿਚ ਲੀਨ ਹੋ ਕੇ ਨਾਮ ਰਸ ਪੀਤਾ ਜਾ ਸਕਦਾ ਹੈ ॥੪॥
56691	1326	ਜਨ ਕਉ ਪ੍ਰੀਤਿ ਲਗੀ ਗੁਰ ਸੇਤੀ ਜਿਉ ਚਕਵੀ ਦੇਖਿ ਸੂਰੀਜੈ॥	ਸੂ-ਰੀਜੈ	Jan Ko Preeth Lagee Gur Saethee Jio Chakavee Dhaekh Sooreejai ||	The humble being is in love with the Guru, like the chakvi bird which loves to see the sun.	(ਪਰਮਾਤਮਾ ਦੇ) ਭਗਤ ਨੂੰ ਗੁਰੂ ਨਾਲ (ਇਉਂ) ਪ੍ਰੀਤ ਬਣੀ ਰਹਿੰਦੀ ਹੈ, ਜਿਵੇਂ ਸੂਰਜ (ਦੇ ਚੜ੍ਹਨ) ਨੂੰ ਉਡੀਕ ਉਡੀਕ ਕੇ ਚਕਵੀ (ਵਿਛੋੜੇ ਦੀ ਰਾਤ ਗੁਜ਼ਾਰਦੀ ਹੈ)।
56692	1326	ਨਿਰਖਤ ਨਿਰਖਤ ਰੈਨਿ ਸਭ ਨਿਰਖੀ ਮੁਖੁ ਕਾਢੈ ਅੰਮ੍ਰਿਤੁ ਪੀਜੈ॥੫॥		Nirakhath Nirakhath Rain Sabh Nirakhee Mukh Kaadtai Anmrith Peejai ||5||	She watches, and keeps on watching all through the night; and when the sun shows its face, she drinks in the Amrit. ||5||	ਵੇਖਦਿਆਂ ਵੇਖਦਿਆਂ (ਚਕਵੀ) ਸਾਰੀ ਰਾਤ ਹੀ ਵੇਖਦੀ ਰਹਿੰਦੀ ਹੈ, (ਜਦੋਂ ਸੂਰਜ) ਮੂੰਹ ਵਿਖਾਂਦਾ ਹੈ (ਤਦੋਂ ਚਕਵੇ ਦਾ ਮਿਲਾਪ ਹਾਸਲ ਕਰਦੀ ਹੈ। ਇਸੇ ਤਰ੍ਹਾਂ ਜਦੋਂ ਗੁਰੂ ਦਰਸਨ ਦੇਂਦਾ ਹੈ, ਤਦੋਂ ਸੇਵਕ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਸਕਦਾ ਹੈ ॥੫॥

56693	1326	ਸਾਕਤ ਸੁਆਨ ਕਹੀਅਹਿ ਬਹੁ ਲੋਭੀ ਬਹੁ ਦੁਰਮਤਿ ਮੈਲੁ ਭਰੀਜੈ॥	ਕਹੀ-ਅਹਿ। ਭ-ਰੀਜੈ	Saakath Suaan Keheeahi Bahu Lobhee Bahu Dhuramath Mail Bhareejai ||	The faithless cynic is said to be very greedy - he is a dog. He is overflowing with the filth and pollution of evil-mindedness.	ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਬਹੁਤ ਲੋਭੀ ਹੁੰਦੇ ਹਨ, ਕੁੱਤੇ (ਦੇ ਸੁਭਾਵ ਵਾਲੇ) ਕਹੇ ਜਾਂਦੇ ਹਨ, (ਉਹਨਾਂ ਦੇ ਅੰਦਰ) ਖੋਟੀ ਮੱਤ ਦੀ ਮੈਲ (ਸਦਾ) ਭਰੀ ਰਹਿੰਦੀ ਹੈ।
56694	1326	ਆਪਨ ਸੁਆਇ ਕਰਹਿ ਬਹੁ ਬਾਤਾ ਤਿਨਾ ਕਾ ਵਿਸਾਹੁ ਕਿਆ ਕੀਜੈ॥੬॥	ਬਾਤਾਂ	Aapan Suaae Karehi Bahu Baathaa Thinaa Kaa Visaahu Kiaa Keejai ||6||	He talks excessively about his own interests. How can he be trusted? ||6||	(ਸਾਕਤ ਮਨੁੱਖ) ਆਪਣੀ ਗ਼ਰਜ਼ ਦੀ ਖ਼ਾਤਰ ਬਹੁਤ ਗੱਲਾਂ ਕਰਦੇ ਹਨ, ਪਰ ਉਹਨਾਂ ਦਾ ਇਤਬਾਰ ਨਹੀਂ ਕਰਨਾ ਚਾਹੀਦਾ ॥੬॥
56695	1326	ਸਾਧੂ ਸਾਧ ਸਰਨਿ ਮਿਲਿ ਸੰਗਤਿ ਜਿਤੁ ਹਰਿ ਰਸੁ ਕਾਢਿ ਕਢੀਜੈ॥	ਕ-ਢੀਜੈ	Saadhhoo Saadhh Saran Mil Sangath Jith Har Ras Kaadt Kadteejai ||	I have sought the Sanctuary of the Saadh Sangat, the Company of the Holy; I have found the Sublime Essence of the Lord.	ਹੇ ਹਰੀ! (ਮੈਨੂੰ ਆਪਣੇ) ਸੰਤ ਜਨਾਂ ਭਗਤਾਂ ਦੀ ਸੰਗਤ ਦੇਹ। ਸੰਤ ਜਨਾਂ ਦੀ ਸੰਗਤ ਵਿਚ ਮਿਲ ਕੇ ਪਰਮਾਤਮਾ ਦਾ ਨਾਮ ਰਸ ਪ੍ਰਾਪਤ ਕਰ ਸਕੀਦਾ ਹੈ
56696	1326	ਪਰਉਪਕਾਰ ਬੋਲਹਿ ਬਹੁ ਗੁਣੀਆ ਮੁਖਿ ਸੰਤ ਭਗਤ ਹਰਿ ਦੀਜੈ॥੭॥		Paroupakaar Bolehi Bahu Guneeaa Mukh Santh Bhagath Har Dheejai ||7||	They do good deeds for others, and speak of the Lord's many Glorious Virtues; please bless me to meet these Saints, these devotees of the Lord. ||7||	ਸੰਤ ਜਨ (ਆਪਣੇ) ਮੂੰਹੋਂ ਦੂਜਿਆਂ ਦੀ ਭਲਾਈ ਦੇ ਬਚਨ ਬੋਲਦੇ ਰਹਿੰਦੇ ਹਨ, ਸੰਤ ਜਨ ਅਨੇਕਾਂ ਗੁਣਾਂ ਵਾਲੇ ਹੁੰਦੇ ਹਨ, (ਮੈਨੂੰ ਉਨ੍ਹਾਂ) ਸੰਤਾਂ ਭਗਤਾਂ ਦੀ (ਸੰਗਤ) ਬਖ਼ਸ਼ ॥੭॥

56697	1326	ਤੂ ਅਗਮ ਦਇਆਲ ਦਇਆ ਪਤਿ ਦਾਤਾ ਸਭ ਦਇਆ ਧਾਰਿ ਰਖਿ ਲੀਜੈ॥	ਅ-ਗਮ: ਪੋਲਾ ਬੋਲੋ। (ਓਗਮ) ਸੋਗ ਰਹਿਤ। ਦਇਆ ਤੇ (ਪਤਿ) ਇਜ਼ਤ ਦੇ ਦਾਤੇ	Thoo Agam Dhaeiaal Dhaeiaa Path Dhaathaa Sabh Dhaeiaa Dhhaar Rakh Leejai ||	You are the Inaccessible Lord, Kind and Compassionate, the Great Giver; please shower us with Your Mercy, and save us.	ਹੇ ਪ੍ਰਭੂ! ਤੂੰ ਅਪਹੁੰਚ ਹੈਂ, ਦਇਆ ਦਾ ਸੋਮਾ ਹੈਂ, ਦਇਆ ਦਾ ਮਾਲਕ ਹੈਂ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈਂ। ਮਿਹਰ ਕਰ ਕੇ ਸਭ ਜੀਵਾਂ ਦੀ ਰੱਖਿਆ ਕਰ।
56698	1326	ਸਰਬ ਜੀਅ ਜਗਜੀਵਨੁ ਏਕੋ ਨਾਨਕ ਪ੍ਰਤਿਪਾਲ ਕਰੀਜੈ॥੮॥੫॥	ਕ-ਰੀਜੈ	Sarab Jeea Jagajeevan Eaeko Naanak Prathipaal Kareejai ||8||5||	You are the Life of all the beings of the world; please cherish and sustain Nanak. ||8||5||	ਨਾਨਕ ਆਖਦਾ ਹੈ (ਹੇ ਪ੍ਰਭੂ!) ਸਾਰੇ ਜੀਵ ਤੇਰੇ ਹਨ, ਤੂੰ ਹੀ ਸਾਰੇ ਜਗਤ ਦਾ ਸਹਾਰਾ ਹੈਂ। (ਸਭ ਦੀ) ਪਾਲਣਾ ਕਰ ॥੮॥੫॥
56699	1326	ਕਲਿਆਨੁ ਮਹਲਾ ੪॥		Kaliaan Mehalaa 4 ||	Kalyaan, Fourth Mehl:	
56700	1326	ਰਾਮਾ ਹਮ ਦਾਸਨ ਦਾਸ ਕਰੀਜੈ॥		Raamaa Ham Dhaasan Dhaas Kareejai ||	O Lord, please make me the slave of Your slaves.	ਹੇ ਰਾਮ! ਸਾਨੂੰ (ਆਪਣੇ) ਦਾਸਾਂ ਦਾ ਦਾਸ ਬਣਾਈ ਰੱਖ।

56701	1326	ਜਬ ਲਗਿ ਸਾਸੁ ਹੋਇ ਮਨ ਅੰਤਰਿ ਸਾਧੂ ਧੂਰਿ ਪਿਵੀਜੈ॥੧॥ਰਹਾਉ॥	ਪਿ-ਵੀਜੈ	Jab Lag Saas Hoe Man Anthar Saadhhoo Dhhoor Piveejai ||1|| Rehaao ||	As long as there is breath deep within my mind, let me drink in the dust of the Holy. ||1||Pause||	ਜਦੋਂ ਤਕ ਸਰੀਰ ਵਿਚ ਸਾਹ ਆ ਰਿਹਾ ਹੈ, ਉਤਨਾ ਚਿਰ ਸੰਤ-ਜਨਾਂ ਦੇ ਚਰਨਾਂ ਦੀ ਧੂੜ ਪੀਂਦੇ ਰਹਿਣਾ ਚਾਹੀਦਾ ਹੈ (ਨਿਮ੍ਰਤਾ ਨਾਲ ਸੰਤ-ਜਨਾਂ ਦੀ ਸੰਗਤ ਵਿਚ ਰਹਿ ਕੇ ਉਹਨਾਂ ਪਾਸੋਂ ਨਾਮ-ਅੰਮ੍ਰਿਤ ਪੀਂਦੇ ਰਹਿਣਾ ਚਾਹੀਦਾ ਹੈ) ॥੧॥ ਰਹਾਉ ॥
56702	1326	ਸੰਕਰੁ ਨਾਰਦੁ ਸੇਖਨਾਗ ਮੁਨਿ ਧੂਰਿ ਸਾਧੂ ਕੀ ਲੋਚੀਜੈ॥	ਲੋ-ਚੀਜੈ	Sankar Naaradh Saekhanaag Mun Dhhoor Saadhhoo Kee Locheejai ||	Shiva, Naarad, the thousand-headed cobra king and the silent sages long for the dust of the Holy.	ਸ਼ਿਵ, ਨਾਰਦ, ਸ਼ੇਸ਼ਨਾਗ (ਆਦਿਕ ਹਰੇਕ ਰਿਸ਼ੀ-) ਮੁਨੀ ਸੰਤ-ਜਨਾਂ ਦੇ ਚਰਨਾਂ ਦੀ ਧੂੜ ਦੀ ਤਾਂਘ ਕਰਦਾ ਰਿਹਾ ਹੈ।
56703	1326	ਭਵਨ ਭਵਨ ਪਵਿਤੁ ਹੋਹਿ ਸਭਿ ਜਹ ਸਾਧੂ ਚਰਨ ਧਰੀਜੈ ॥੧॥	ਧ-ਰੀਜੈ	Bhavan Bhavan Pavith Hohi Sabh Jeh Saadhhoo Charan Dhhareejai ||1||	All the worlds and realms where the Holy place their feet are sanctified. ||1||	ਜਿੱਥੇ ਸੰਤ-ਜਨ ਚਰਨ ਰੱਖਦੇ ਹਨ, ਉਹ ਸਾਰੇ ਭਵਨ ਸਾਰੇ ਥਾਂ ਪਵਿੱਤਰ ਹੋ ਜਾਂਦੇ ਹਨ ॥੧॥
56704	1326	ਤਜਿ ਲਾਜ ਅਹੰਕਾਰੁ ਸਭੁ ਤਜੀਐ ਮਿਲਿ ਸਾਧੂਸੰਗਿ ਰਹੀਜੈ॥	ਅਹੰ-ਕਾਰੁ। ਰ-ਹੀਜੈ	Thaj Laaj Ahankaar Sabh Thajeeai Mil Saadhhoo Sang Reheejai ||	So let go of your shame and renounce all your egotism; join with the Saadh Sangat, the Company of the Holy, and remain there.	ਲੋਕ-ਲਾਜ ਛੱਡ ਕੇ (ਆਪਣੇ ਅੰਦਰੋਂ ਆਪਣੇ ਕਿਸੇ ਵਡੱਪਣ ਦਾ) ਸਾਰਾ ਮਾਣ ਛੱਡ ਦੇਣਾ ਚਾਹੀਦਾ ਹੈ, ਅਤੇ ਸੰਤ-ਜਨਾਂ ਦੀ ਸੰਗਤ ਵਿਚ ਮਿਲ ਕੇ ਰਹਿਣਾ ਚਾਹੀਦਾ ਹੈ।

56705	1326	ਧਰਮਰਾਇ ਕੀ ਕਾਨਿ ਚੁਕਾਵੈ ਬਿਖੁ ਡੁਬਦਾ ਕਾਢਿ ਕਢੀਜੈ॥੨॥	ਡੁੱਬਦਾ। ਕ-ਢੀਜੈ	Dhharam Raae Kee Kaan Chukaavai Bikh Ddubadhaa Kaadt Kadteejai ||2||	Give up your fear of the Righteous Judge of Dharma, and you shall be lifted up and saved from drowning in the sea of poison. ||2||	(ਜਿਹੜਾ ਮਨੁੱਖ ਸੰਤ-ਜਨਾਂ ਦੀ ਸੰਗਤ ਵਿਚ ਰਹਿੰਦਾ ਹੈ, ਉਹ) ਧਰਮਰਾਜ ਦਾ ਸਹਿਮ ਮੁਕਾ ਲੈਂਦਾ ਹੈ। ਆਤਮਕ ਮੌਤ ਲਿਆਉਣ ਵਾਲੇ ਜ਼ਹਿਰੀਲੇ ਸੰਸਾਰ-ਸਮੁੰਦਰ ਵਿਚ ਡੁੱਬਦੇ ਨੂੰ (ਸੰਤ-ਜਨ) ਕੱਢ ਲੈਂਦੇ ਹਨ ॥੨॥
56706	1326	ਭਰਮਿ ਸੂਕੇ ਬਹੁ ਉਭਿਸੁਕ ਕਹੀਅਹਿ ਮਿਲਿ ਸਾਧੂਸੰਗਿ ਹਰੀਜੈ॥	ਉੱਭਿ-ਸੁੱਕ। ਹ-ਰੀਜੈ	Bharam Sookae Bahu Oubh Suk Keheeahi Mil Saadhhoo Sang Hareejai ||	Some are standing, parched and shrivelled up by their doubts; joining the Saadh Sangat, they are rejuvenated.	(ਜਿਹੜੇ ਮਨੁੱਖ ਮਾਇਆ ਦੀ) ਭਟਕਣਾ ਵਿਚ ਪੈ ਕੇ ਆਤਮਕ ਜੀਵਨ ਦੀ ਤਰਾਵਤ ਮੁਕਾ ਲੈਂਦੇ ਹਨ, ਉਹ ਮਨੁੱਖ ਉਹਨਾਂ ਰੁੱਖਾਂ ਵਰਗੇ ਕਹੇ ਜਾਂਦੇ ਹਨ, ਜਿਹੜੇ ਖੜੇ-ਖਲੋਤੇ ਸੁੱਕ ਜਾਂਦੇ ਹਨ (ਪਰ ਅਜਿਹੇ ਸੁੱਕੇ ਜੀਵਨ ਵਾਲੇ ਮਨੁੱਖ ਭੀ) ਸੰਤ-ਜਨਾਂ ਦੀ ਸੰਗਤ ਵਿਚ ਮਿਲ ਕੇ ਹਰੇ ਹੋ ਜਾਂਦੇ ਹਨ।
56707	1326	ਤਾ ਤੇ ਬਿਲਮੁ ਪਲੁ ਢਿਲ ਨ ਕੀਜੈ ਜਾਇ ਸਾਧੂ ਚਰਨਿ ਲਗੀਜੈ॥੩॥	ਲ-ਗੀਜੈ	Thaa Thae Bilam Pal Dtil N Keejai Jaae Saadhhoo Charan Lageejai ||3||	So do not delay, even for an instant - go and fall at the feet of the Holy. ||3||	ਇਸ ਵਾਸਤੇ ਇਕ ਪਲ ਭਰ ਭੀ ਦੇਰ ਨਹੀਂ ਕਰਨੀ ਚਾਹੀਦੀ। (ਛੇਤੀ) ਜਾ ਕੇ ਸੰਤ ਜਨਾਂ ਦੀ ਚਰਨੀਂ ਲੱਗਣਾ ਚਾਹੀਦਾ ਹੈ ॥੩॥

56708	1326	ਰਾਮ ਨਾਮ ਕੀਰਤਨ ਰਤਨ ਵਥੁ ਹਰਿ ਸਾਧੂ ਪਾਸਿ ਰਖੀਜੈ॥	ਵੱਥੁ ਰ-ਖੀਜੈ	Raam Naam Keerathan Rathan Vathh Har Saadhhoo Paas Rakheejai ||	The Kirtan of the Praise of the Lord's Name is a priceless jewel. The Lord has given it for the Holy to keep.	ਪਰਮਾਤਮਾ ਦਾ ਨਾਮ, ਪਰਮਾਤਮਾ ਦੀ ਸਿਫ਼ਤ-ਸਾਲਾਹ ਇਕ ਕੀਮਤੀ ਪਦਾਰਥ ਹੈ। ਇਹ ਪਦਾਰਥ ਪਰਮਾਤਮਾ ਨੇ ਸੰਤ-ਜਨਾਂ ਦੇ ਕੋਲ ਰੱਖਿਆ ਹੁੰਦਾ ਹੈ।
56709	1326	ਜੋ ਬਚਨੁ ਗੁਰ ਸਤਿ ਸਤਿ ਕਰਿ ਮਾਨੈ ਤਿਸੁ ਆਗੈ ਕਾਢਿ ਧਰੀਜੈ॥੪॥	ਧ-ਰੀਜੈ	Jo Bachan Gur Sath Sath Kar Maanai This Aagai Kaadt Dhhareejai ||4||	Whoever accepts and follows the Word of the Guru's Teachings as True - this Jewel is taken out and given to him. ||4||	ਜਿਹੜਾ ਮਨੁੱਖ ਗੁਰੂ ਦੇ ਉਪਦੇਸ਼ ਨੂੰ ਪੂਰੀ ਸਰਧਾ ਨਾਲ ਮੰਨਦਾ ਹੈ, (ਗੁਰੂ ਇਹ ਕੀਮਤੀ ਪਦਾਰਥ) ਉਸ ਦੇ ਅੱਗੇ ਕੱਢ ਕੇ ਰੱਖ ਦੇਂਦਾ ਹੈ ॥੪॥
56710	1326	ਸੰਤਹੁ ਸੁਨਹੁ ਸੁਨਹੁ ਜਨ ਭਾਈ ਗੁਰਿ ਕਾਢੀ ਬਾਹ ਕੁਕੀਜੈ॥	ਬਾਂਹ (ਕਾਢੀ) ਖੜ੍ਹੀ ਕਰਕੇ। ਖ਼ੂਬ ਮਿੱਠਾ (ਕੁਕੀਜੈ) ਬੋਲਦੇ ਹਨ।ਕੁ-ਕੀਜੈ	Santhahu Sunahu Sunahu Jan Bhaaee Gur Kaadtee Baah Kukeejai ||	Listen, O Saints; listen, humble Siblings of Destiny: the Guru raises His Arms and sends out the call.	ਹੇ ਸੰਤ ਜਨੋ! ਹੇ ਭਰਾਵੋ! ਗੁਰੂ ਨੇ (ਆਪਣੀ) ਬਾਂਹ ਉੱਚੀ ਕੀਤੀ ਹੋਈ ਹੈ ਤੇ ਕੂਕ ਰਿਹਾ ਹੈ (ਉਸ ਦੀ ਗੱਲ) ਧਿਆਨ ਨਾਲ ਸੁਣੋ।
56711	1326	ਜੇ ਆਤਮ ਕਉ ਸੁਖੁ ਸੁਖੁ ਨਿਤ ਲੋੜਹੁ ਤਾਂ ਸਤਿਗੁਰ ਸਰਨਿ ਪਵੀਜੈ॥੫॥	ਪ-ਵੀਜੈ	Jae Aatham Ko Sukh Sukh Nith Lorrahu Thaan Sathigur Saran Paveejai ||5||	If you long for everlasting peace and comfort for your soul, then enter the Sanctuary of the True Guru. ||5||	ਹੇ ਸੰਤ ਜਨੋ! ਜੇ ਤੁਸੀਂ ਆਪਣੀ ਜਿੰਦ ਵਾਸਤੇ ਸਦਾ ਦਾ ਸੁਖ ਚਾਹੁੰਦੇ ਹੋ, ਤਾਂ ਗੁਰੂ ਦੀ ਸਰਨ ਪਏ ਰਹਿਣਾ ਚਾਹੀਦਾ ਹੈ ॥੫॥

56712	1326	ਜੇ ਵਡਭਾਗੁ ਹੋਇ ਅਤਿ ਨੀਕਾ ਤਾਂ ਗੁਰਮਤਿ ਨਾਮੁ ਦ੍ਰਿੜੀਜੈ॥	ਦ੍ਰਿ-ੜੀਜੈ	Jae Vadd Bhaag Hoe Ath Neekaa Thaan Guramath Naam Dhrirreejai ||	If you have great good fortune and are very noble, then implant the Guru's Teachings and the Naam, the Name of the Lord, within.	ਜੇ ਕਿਸੇ ਮਨੁੱਖ ਦੀ ਵੱਡੀ ਚੰਗੀ ਕਿਸਮਤ ਹੋਵੇ, ਤਾਂ ਉਹ ਗੁਰੂ ਦੀ ਮੱਤ ਲੈ ਕੇ (ਆਪਣੇ ਅੰਦਰ) ਪਰਮਾਤਮਾ ਦਾ ਨਾਮ ਪੱਕਾ ਕਰਦਾ ਹੈ।
56713	1326	ਸਭੁ ਮਾਇਆ ਮੋਹੁ ਬਿਖਮੁ ਜਗੁ ਤਰੀਐ ਸਹਜੇ ਹਰਿ ਰਸੁ ਪੀਜੈ॥੬॥		Sabh Maaeiaa Mohu Bikham Jag Thareeai Sehajae Har Ras Peejai ||6||	Emotional attachment to Maya is totally treacherous; drinking in the Sublime Essence of the Lord, you shall easily, intuitively cross over the world-ocean. ||6||	ਮਾਇਆ ਦਾ ਮੋਹ-ਇਹ ਸਾਰਾ ਬੜਾ ਔਖਾ ਸੰਸਾਰ-ਸਮੁੰਦਰ ਹੈ (ਨਾਮ ਦੀ ਬਰਕਤਿ ਨਾਲ ਇਹ) ਤਰਿਆ ਜਾ ਸਕਦਾ ਹੈ। (ਇਸ ਵਾਸਤੇ) ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦਾ ਨਾਮ-ਰਸ ਪੀਣਾ ਚਾਹੀਦਾ ਹੈ ॥੬॥
56714	1326	ਮਾਇਆ ਮਾਇਆ ਕੇ ਜੋ ਅਧਿਕਾਈ ਵਿਚਿ ਮਾਇਆ ਪਚੈ ਪਚੀਜੈ॥	ਪ-ਚੀਜੈ	Maaeiaa Maaeiaa Kae Jo Adhhikaaee Vich Maaeiaa Pachai Pacheejai ||	Those who are totally in love with Maya, Maya, shall rot away in Maya.	ਜਿਹੜੇ ਮਨੁੱਖ ਨਿਰੇ ਮਾਇਆ ਦੇ ਹੀ ਬਹੁਤ ਪ੍ਰੇਮੀ ਹਨ (ਉਹ ਸਦਾ ਦੁਖੀ ਹੁੰਦੇ ਹਨ। ਮਾਇਆ ਦਾ ਪ੍ਰੇਮੀ ਮਨੁੱਖ ਤਾਂ) ਹਰ ਵੇਲੇ ਮਾਇਆ (ਦੀ ਤ੍ਰਿਸ਼ਨਾ ਦੀ ਅੱਗ) ਵਿਚ ਸੜਦਾ ਰਹਿੰਦਾ ਹੈ।

56715	1326	ਅਗਿਆਨੁ ਅੰਧੇਰੁ ਮਹਾ ਪੰਥੁ ਬਿਖੜਾ ਅਹੰਕਾਰਿ ਭਾਰਿ ਲਦਿ ਲੀਜੈ॥੭॥	ਲੱਦਿ	Agiaan Andhhaer Mehaa Panthh Bikharraa Ahankaar Bhaar Ladh Leejai ||7||	The path of ignorance and darkness is utterly treacherous; they are loaded down with the crushing load of egotism. ||7||	(ਅਜਿਹੇ ਮਨੁੱਖ ਵਾਸਤੇ) ਆਤਮਕ ਜੀਵਨ ਵਲੋਂ ਬੇ-ਸਮਝੀ ਇਕ ਘੁੱਪ ਹਨੇਰਾ (ਬਣ ਜਾਂਦਾ ਹੈ, ਉਸ ਮਨੁੱਖ ਵਾਸਤੇ ਜ਼ਿੰਦਗੀ ਦਾ) ਰਸਤਾ ਔਖਾ ਹੋ ਜਾਂਦਾ ਹੈ (ਕਿਉਂਕਿ ਉਹ ਮਨੁੱਖ) ਅਹੰਕਾਰ (-ਰੂਪ) ਭਾਰ ਨਾਲ (ਸਦਾ) ਲੱਦਿਆ ਰਹਿੰਦਾ ਹੈ ॥੭॥
56716	1326	ਨਾਨਕ ਰਾਮ ਰਮ ਰਮੁ ਰਮ ਰਮ ਰਾਮੈ ਤੇ ਗਤਿ ਕੀਜੈ॥		Naanak Raam Ram Ram Ram Ram Raamai Thae Gath Keejai ||	O Nanak, chanting the Name of the Lord, the All-pervading Lord, one is emancipated.	ਹੇ ਨਾਨਕ! ਸਦਾ ਵਿਆਪਕ ਰਾਮ ਦਾ ਨਾਮ ਸਿਮਰਦਾ ਰਹੁ। ਵਿਆਪਕ ਰਾਮ ਦੇ ਨਾਮ ਤੋਂ ਹੀ ਉੱਚੀ ਆਤਮਕ ਅਵਸਥਾ ਹਾਸਲ ਕਰ ਸਕੀਦੀ ਹੈ।
56717	1326	ਸਤਿਗੁਰੁ ਮਿਲੈ ਤਾ ਨਾਮੁ ਦ੍ਰਿੜਾਏ ਰਾਮ ਨਾਮੈ ਰਲੈ ਮਿਲੀਜੈ॥੮॥੬॥ ਛਕਾ ੧॥	ਮਿ-ਲੀਜੈ। ਛੇ ਅਸਟਪਦੀਆਂ ਇੱਕ ਛੱਕਾ। ਛੱਕਾ ਇੱਕ ਬੋਲੋ	Sathigur Milai Thaa Naam Dhrirraaeae Raam Naamai Ralai Mileejai ||8||6||	Meeting the True Guru, the Naam is implanted within; we are united and blended with the Lord's Name. ||8||6||	ਜਦੋਂ ਗੁਰੂ ਮਿਲਦਾ ਹੈ ਉਹ (ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ) ਨਾਮ ਪੱਕਾ ਕਰਦਾ ਹੈ। (ਮਨੁੱਖ) ਪਰਮਾਤਮਾ ਦੇ ਨਾਮ ਵਿਚ ਸਦਾ ਲਈ ਲੀਨ ਹੋ ਜਾਂਦਾ ਹੈ। ਛਕਾ = ਛੱਕਾ, ਛੇ (ਅਸ਼ਟਪਦੀਆਂ) ਦਾ ਇਕੱਠ ॥੮॥੬॥

56718	1327	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sathinaam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
56719	1327	ਰਾਗੁ ਪਰਭਾਤੀ ਬਿਭਾਸ ਮਹਲਾ ੧ ਚਉਪਦੇ ਘਰੁ ੧॥		Raag Parabhaathee Bibhaas Mehalaa 1 Choupadhae Ghar 1 ||	Raag Parbhaatee Bibhaas, First Mehl, Chau-Padas, First House:	ਰਾਗ ਪਰਭਾਤੀ-ਵਿਭਾਸ, ਘਰ ਇਕ ਵਿੱਚ ਗੁਰੂ ਨਾਨਕ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
56720	1327	ਨਾਇ ਤੇਰੈ ਤਰਣਾ ਨਾਇ ਪਤਿ ਪੂਜ॥		Naae Thaerai Tharanaa Naae Path Pooj ||	Your Name carries us across; Your Name brings respect and worship.	ਹੇ ਪ੍ਰਭੂ! ਤੇਰੇ ਨਾਮ ਵਿਚ ਜੁੜ ਕੇ ਹੀ (ਸੰਸਾਰ-ਸਮੁੰਦਰ ਦੇ ਵਿਕਾਰਾਂ ਤੋਂ) ਪਾਰ ਲੰਘੀਦਾ ਹੈ, ਤੇਰੇ ਨਾਮ ਦੀ ਰਾਹੀਂ ਹੀ ਇੱਜ਼ਤ ਆਦਰ ਮਿਲਦਾ ਹੈ।
56721	1327	ਨਾਉ ਤੇਰਾ ਗਹਣਾ ਮਤਿ ਮਕਸੂਦੁ॥	((ਮਕਸੂਦੁ) ਲਾਭਦਾਇਕ ਪ੍ਰਯੋਜਨ। ਗਹਣਾ) ਭੂਖਣ, ਗ੍ਰਹਣ	Naao Thaeraa Gehanaa Math Makasoodh ||	Your Name embellishes us; it is the object of the awakened mind.	ਤੇਰਾ ਨਾਮ (ਇਨਸਾਨੀ ਜੀਵਨ ਨੂੰ ਸਿੰਗਾਰਨ ਵਾਸਤੇ) ਗਹਿਣਾ ਹੈ, ਇਨਸਾਨੀ ਅਕਲ ਦਾ ਮਕਸਦ ਇਹੀ ਹੈ, (ਕਿ ਇਨਸਾਨ ਤੇਰਾ ਨਾਮ ਸਿਮਰੇ)।

56722	1327	ਨਾਇ ਤੇਰੈ ਨਾਉ ਮੰਨੇ ਸਭ ਕੋਇ॥		Naae Thaerai Naao Mannae Sabh Koe ||	Your Name brings honor to everyone's name.	ਹੇ ਪ੍ਰਭੂ! ਤੇਰੇ ਨਾਮ ਵਿਚ ਟਿਕਿਆਂ ਹੀ ਹਰ ਕੋਈ (ਨਾਮ ਸਿਮਰਨ ਵਾਲੇ ਦੀ) ਇੱਜ਼ਤ ਕਰਦਾ ਹੈ।
56723	1327	ਵਿਣੁ ਨਾਵੈ ਪਤਿ ਕਬਹੁ ਨ ਹੋਇ॥੧॥		Vin Naavai Path Kabahu N Hoe ||1||	Without Your Name, no one is ever respected. ||1||	ਨਾਮ ਸਿਮਰਨ ਤੋਂ ਬਿਨਾਂ ਕਦੇ ਵੀ ਇੱਜ਼ਤ ਆਦਰ ਨਹੀਂ ਹੁੰਦਾ ॥੧॥
56724	1327	ਅਵਰ ਸਿਆਣਪ ਸਗਲੀ ਪਾਜੁ॥		Avar Siaanap Sagalee Paaj ||	All other clever tricks are just for show.	(ਪ੍ਰਭੂ ਦਾ ਸਿਮਰਨ ਛੱਡ ਕੇ ਦੁਨੀਆ ਵਿਚ ਇੱਜ਼ਤ ਹਾਸਲ ਕਰਨ ਲਈ) ਹੋਰ ਹੋਰ ਚਤੁਰਾਈ (ਦਾ ਕੰਮ ਨਿਰਾ) ਲੋਕ-ਵਿਖਾਵਾ ਹੈ (ਉਹ ਪਾਜ ਆਖ਼ਰ ਉੱਘੜ ਜਾਂਦਾ ਹੈ ਤੇ ਹਾਸਲ ਕੀਤੀ ਹੋਈ ਇੱਜ਼ਤ ਭੀ ਮੁੱਕ ਜਾਂਦੀ ਹੈ)।
56725	1327	ਜੈ ਬਖਸੇ ਤੈ ਪੂਰਾ ਕਾਜੁ॥੧॥ ਰਹਾਉ॥		Jai Bakhasae Thai Pooraa Kaaj ||1|| Rehaao ||	Whoever the Lord blesses with forgiveness - his affairs are perfectly resolved. ||1||Pause||	ਜਿਸ ਜੀਵ ਉਤੇ ਪ੍ਰਭੂ ਬਖ਼ਸ਼ਸ਼ ਕਰਦਾ ਹੈ (ਉਸ ਨੂੰ ਆਪਣੇ ਨਾਮ ਦੀ ਦਾਤ ਦੇਂਦਾ ਹੈ, ਤੇ ਉਸ ਜੀਵ ਦਾ) ਜ਼ਿੰਦਗੀ ਦਾ ਅਸਲ ਮਨੋਰਥ ਸਿਰੇ ਚੜ੍ਹਦਾ ਹੈ ॥੧॥ ਰਹਾਉ ॥

56726	1327	ਨਾਉ ਤੇਰਾ ਤਾਣੁ ਨਾਉ ਦੀਬਾਣੁ॥		Naao Thaeraa Thaan Naao Dheebaan ||	Your Name is my strength; Your Name is my support.	(ਮਨੁੱਖ ਦੁਨੀਆਵੀ ਤਾਕਤ, ਹਕੂਮਤ, ਫ਼ੌਜਾਂ ਦੀ ਸਰਦਾਰੀ ਤੇ ਬਾਦਸ਼ਾਹੀ ਵਾਸਤੇ ਦੌੜਦਾ ਫਿਰਦਾ ਹੈ, ਫਿਰ ਇਹ ਸਭ ਕੁਝ ਨਾਸਵੰਤ ਹੈ) ਹੇ ਪ੍ਰਭੂ! ਤੇਰਾ ਨਾਮ ਹੀ (ਅਸਲ) ਤਾਕਤ ਹੈ, ਤੇਰਾ ਨਾਮ ਹੀ (ਅਸਲ) ਹਕੂਮਤ ਹੈ,
56727	1327	ਨਾਉ ਤੇਰਾ ਲਸਕਰੁ ਨਾਉ ਸੁਲਤਾਨੁ॥		Naao Thaeraa Lasakar Naao Sulathaan ||	Your Name is my army; Your Name is my king.	ਤੇਰਾ ਨਾਮ ਹੀ ਫ਼ੌਜਾਂ (ਦੀ ਸਰਦਾਰੀ) ਹੈ, ਜਿਸ ਦੇ ਪੱਲੇ ਤੇਰਾ ਨਾਮ ਹੈ ਉਹੀ ਬਾਦਸ਼ਾਹ ਹੈ।
56728	1327	ਨਾਇ ਤੇਰੈ ਮਾਨੁ ਮਹਤ ਪਰਵਾਣੁ॥	ਮ-ਹਤ	Naae Thaerai Maan Mehath Paravaan ||	Your Name brings honor, glory and approval.	ਹੇ ਪ੍ਰਭੂ! ਤੇਰੇ ਨਾਮ ਵਿਚ ਜੁੜਿਆਂ ਹੀ ਅਸਲ ਆਦਰ ਮਿਲਦਾ ਹੈ ਇੱਜ਼ਤ ਮਿਲਦੀ ਹੈ। ਜੋ ਮਨੁੱਖ ਤੇਰੇ ਨਾਮ ਵਿਚ ਮਸਤ ਹੈ ਉਹੀ ਜਗਤ ਵਿਚ ਮੰਨਿਆ-ਪਰਮੰਨਿਆ ਹੈ।
56729	1327	ਤੇਰੀ ਨਦਰੀ ਕਰਮਿ ਪਵੈ ਨੀਸਾਣੁ॥੨॥		Thaeree Nadharee Karam Pavai Neesaan ||2||	By Your Grace, one is blessed with the banner and the insignia of Your Mercy. ||2||	ਪਰ ਤੇਰੀ ਮੇਹਰ ਦੀ ਨਜ਼ਰ ਨਾਲ ਹੀ ਤੇਰੀ ਬਖ਼ਸ਼ਸ਼ ਨਾਲ ਹੀ (ਜੀਵ-ਰਾਹੀ ਨੂੰ ਇਸ ਜੀਵਨ-ਸਫ਼ਰ ਵਿਚ) ਇਹ ਪਰਵਾਨਾ ਮਿਲਦਾ ਹੈ ॥੨॥
56730	1327	ਨਾਇ ਤੇਰੈ ਸਹਜੁ ਨਾਇ ਸਾਲਾਹ॥		Naae Thaerai Sehaj Naae Saalaah ||	Your Name brings intuitive peace and poise; Your Name brings praise.	ਹੇ ਪ੍ਰਭੂ! ਤੇਰੇ ਨਾਮ ਵਿਚ ਜੁੜਿਆਂ ਮਨ ਦੀ ਸ਼ਾਂਤੀ ਮਿਲਦੀ ਹੈ, ਤੇਰੇ ਨਾਮ ਵਿਚ ਜੁੜਿਆਂ ਤੇਰੀ ਸਿਫ਼ਤ-ਸਾਲਾਹ ਕਰਨ ਦੀ ਆਦਤ ਬਣਦੀ ਹੈ।

56731	1327	ਨਾਉ ਤੇਰਾ ਅੰਮ੍ਰਿਤੁ ਬਿਖੁ ਉਠਿ ਜਾਇ॥		Naao Thaeraa Anmrith Bikh Outh Jaae ||	Your Name is the Ambrosial Nectar which cleans out the poison.	ਤੇਰਾ ਨਾਮ ਹੀ ਆਤਮਕ ਜੀਵਨ ਦੇਣ ਵਾਲਾ ਐਸਾ ਪਵਿਤ੍ਰ ਜਲ ਹੈ (ਜਿਸ ਦੀ ਬਰਕਤਿ ਨਾਲ ਮਨੁੱਖ ਮਨ ਵਿਚੋਂ ਵਿਸ਼ੇ ਵਿਕਾਰਾਂ ਦਾ ਸਾਰਾ) ਜ਼ਹਿਰ ਧੁਪ ਜਾਂਦਾ ਹੈ।
56732	1327	ਨਾਇ ਤੇਰੈ ਸਭਿ ਸੁਖ ਵਸਹਿ ਮਨਿ ਆਇ॥		Naae Thaerai Sabh Sukh Vasehi Man Aae ||	Through Your Name, all peace and comfort comes to abide in the mind.	ਤੇਰੇ ਨਾਮ ਵਿਚ ਜੁੜਿਆਂ ਸਾਰੇ ਸੁਖ ਮਨ ਵਿਚ ਆ ਵੱਸਦੇ ਹਨ।
56733	1327	ਬਿਨੁ ਨਾਵੈ ਬਾਧੀ ਜਮਪੁਰਿ ਜਾਇ॥੩॥		Bin Naavai Baadhhee Jam Pur Jaae ||3||	Without the Name, they are bound and gagged, and dragged off to the City of Death. ||3||	ਨਾਮ ਤੋਂ ਖੁੰਝ ਕੇ ਦੁਨੀਆ (ਵਿਕਾਰਾਂ ਦੇ ਸੰਗਲਾਂ ਵਿਚ) ਬੱਝੀ ਹੋਈ ਜਮ ਦੀ ਨਗਰੀ ਵਿਚ ਜਾਂਦੀ ਹੈ ॥੩॥
56734	1327	ਨਾਰੀ ਬੇਰੀ ਘਰ ਦਰ ਦੇਸ॥		Naaree Baeree Ghar Dhar Dhaes ||	Man is involved with his wife, hearth and home, land and country,	ਇਸਤ੍ਰੀ (ਦਾ ਪਿਆਰ) ਘਰਾਂ ਤੇ ਮਿਲਖਾਂ ਦੀ ਮਾਲਕੀ-ਇਹ ਸਭ ਕੁਝ (ਜੀਵ-ਰਾਹੀ ਦੇ ਪੈਰਾਂ ਵਿਚ) ਬੇੜੀਆਂ (ਪਈਆਂ ਹੋਈਆਂ) ਹਨ (ਜੋ ਇਸ ਨੂੰ ਸਹੀ ਜੀਵਨ-ਸਫ਼ਰ ਵਿਚ ਤੁਰਨ ਨਹੀਂ ਦੇਂਦੀਆਂ)।
56735	1327	ਮਨ ਕੀਆ ਖੁਸੀਆ ਕੀਚਹਿ ਵੇਸ॥	ਕੀਆਂ। ਖੁਸੀਆਂ। ਕੀਚ-ਹਿ	Man Keeaa Khuseeaa Keechehi Vaes ||	The pleasures of the mind and fine clothes;	ਮਨ ਦੀਆਂ ਖ਼ੁਸ਼ੀਆਂ ਵਾਸਤੇ ਅਨੇਕਾਂ ਪਹਿਰਾਵੇ ਪਹਿਨਦੇ ਹਨ (ਇਹ ਖ਼ੁਸ਼ੀਆਂ-ਚਾਅ ਭੀ ਬੇੜੀਆਂ ਹੀ ਹਨ)।

56736	1327	ਜਾਂ ਸਦੇ ਤਾਂ ਢਿਲ ਨ ਪਾਇ॥	ਸੱਦੇ	Jaan Sadhae Thaan Dtil N Paae ||	But when the call comes, he cannot delay.	ਜਦੋਂ (ਪਰਮਾਤਮਾ ਜੀਵ ਨੂੰ) ਮੌਤ ਦਾ ਸੱਦਾ ਭੇਜਦਾ ਹੈ (ਉਸ ਸੱਦੇ ਦੇ ਸਾਹਮਣੇ ਰਤਾ ਭੀ) ਢਿੱਲ ਨਹੀਂ ਹੋ ਸਕਦੀ।
56737	1327	ਨਾਨਕ ਕੂੜੁ ਕੂੜੋ ਹੋਇ ਜਾਇ॥੪॥੧॥		Naanak Koorr Koorro Hoe Jaae ||4||1||	O Nanak, in the end, the false turn out to be false. ||4||1||	ਹੇ ਨਾਨਕ! (ਤਦੋਂ ਸਮਝ ਪੈਂਦੀ ਹੈ ਕਿ) ਝੂਠੇ ਪਦਾਰਥਾਂ ਦਾ ਸਾਥ ਝੂਠਾ ਹੀ ਨਿਕਲਦਾ ਹੈ ॥੪॥੧॥
56738	1327	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	
56739	1327	ਤੇਰਾ ਨਾਮੁ ਰਤਨੁ ਕਰਮੁ ਚਾਨਣੁ ਸੁਰਤਿ ਤਿਥੈ ਲੋਇ॥		Thaeraa Naam Rathan Karam Chaanan Surath Thithhai Loe ||	Your Name is the Jewel, and Your Grace is the Light. In awareness, there is Your Light.	(ਹੇ ਪ੍ਰਭੂ!) ਜਿਸ (ਮਨੁੱਖੀ) ਸੁਰਤ ਵਿਚ ਤੇਰਾ ਨਾਮ-ਰਤਨ (ਜੜਿਆ ਹੋਇਆ) ਹੈ, ਤੇਰੀ ਬਖ਼ਸ਼ਸ਼ ਚਾਨਣ ਕਰ ਰਹੀ ਹੈ ਉਸ ਸੁਰਤ ਦੇ ਅੰਦਰ (ਤੇਰੇ ਗਿਆਨ ਦਾ) ਪਰਕਾਸ਼ ਹੋ ਰਿਹਾ ਹੈ।
56740	1327	ਅੰਧੇਰੁ ਅੰਧੀ ਵਾਪਰੈ ਸਗਲ ਲੀਜੈ ਖੋਇ॥੧॥	ਪਾਪਾਂ ਔਗੁਣਾਂ ਦੇ (ਅੰਧੇਰੁ) ਹਨ੍ਹੇਰੇ ਚ । ਜ਼ੁਲਮ ਦੀ (ਅੰਧੀ) ਅਨ੍ਹੇਰੀ (ਵਾਪਰੈ) ਵਗ ਰਹੀ ਹੈ	Andhhaer Andhhee Vaaparai Sagal Leejai Khoe ||1||	Darkness fills the dark, and then everything is lost. ||1||	(ਮਾਇਆ ਦੇ ਮੋਹ ਵਿਚ) ਅੰਨ੍ਹੀ ਹੋ ਰਹੀ ਸ੍ਰਿਸ਼ਟੀ ਉਤੇ ਅਗਿਆਨਤਾ ਦਾ ਹਨੇਰਾ ਜ਼ੋਰ ਪਾ ਰਿਹਾ ਹੈ, (ਇਸ ਹਨੇਰੇ ਵਿਚ) ਸਾਰੀ ਆਤਮਕ ਰਾਸ-ਪੂੰਜੀ ਗਵਾ ਲਈਦੀ ਹੈ ॥੧॥
56741	1327	ਇਹੁ ਸੰਸਾਰੁ ਸਗਲ ਬਿਕਾਰੁ॥		Eihu Sansaar Sagal Bikaar ||	This whole world is corrupt.	(ਹੇ ਪ੍ਰਭੂ! ਤੇਰੇ ਨਾਮ ਤੋਂ ਖੁੰਝ ਕੇ) ਇਹ ਸਾਰਾ ਜਗਤ ਵਿਕਾਰ ਹੀ ਵਿਕਾਰ (ਸਹੇੜ ਰਿਹਾ) ਹੈ।

56742	1327	ਤੇਰਾ ਨਾਮੁ ਦਾਰੂ ਅਵਰੁ ਨਾਸਤਿ ਕਰਣਹਾਰੁ ਅਪਾਰੁ॥੧॥ਰਹਾਉ॥		Thaeraa Naam Dhaaroo Avar Naasath Karanehaar Apaar ||1|| Rehaao ||	Your Name is the only cure; nothing else works, O Infinite Creator Lord. ||1||Pause||	(ਇਸ ਵਿਕਾਰ-ਰੋਗ ਦੀ) ਦਵਾਈ (ਸਿਰਫ਼) ਤੇਰਾ ਨਾਮ ਹੀ ਹੈ, (ਤੇਰੇ ਨਾਮ ਤੋਂ ਬਿਨਾ) ਹੋਰ ਕੋਈ ਦਵਾ-ਦਾਰੂ ਨਹੀਂ ਹੈ। (ਜਗਤ ਨੂੰ ਅਤੇ ਜਗਤ ਦੇ ਰੋਗਾਂ ਦੀ ਦਵਾਈ ਨੂੰ) ਬਣਾਣ ਵਾਲਾ ਤੂੰ ਬੇਅੰਤ ਪ੍ਰਭੂ ਆਪ ਹੀ ਹੈਂ ॥੧॥ ਰਹਾਉ ॥
56743	1327	ਪਾਤਾਲ ਪੁਰੀਆ ਏਕ ਭਾਰ ਹੋਵਹਿ ਲਾਖ ਕਰੋੜਿ॥	ਪੁਰੀਆਂ	Paathaal Pureeaa Eaek Bhaar Hovehi Laakh Karorr ||	One side of the scale holds tens of thousands, millions of nether regions and realms.	ਜੇ ਸ੍ਰਿਸ਼ਟੀ ਦੇ ਸਾਰੇ ਪਾਤਾਲ ਤੇ ਪੁਰੀਆਂ (ਬੱਝ ਕੇ) ਇਕ ਪੰਡ ਬਣ ਜਾਣ, ਤੇ ਜੇ ਇਹੋ ਜੇਹੀਆਂ ਹੋਰ ਲੱਖਾਂ ਕ੍ਰੋੜਾਂ ਪੰਡਾਂ ਭੀ ਹੋ ਜਾਣ (ਤਾਂ ਇਹ ਸਾਰੇ ਮਿਲ ਕੇ ਭੀ ਪਰਮਾਤਮਾ ਦੇ ਨਾਮ ਦੀ ਬਰਾਬਰੀ ਨਹੀਂ ਕਰ ਸਕਦੇ)।
56744	1327	ਤੇਰੇ ਲਾਲ ਕੀਮਤਿ ਤਾ ਪਵੈ ਜਾਂ ਸਿਰੈ ਹੋਵਹਿ ਹੋਰਿ॥੨॥		Thaerae Laal Keemath Thaa Pavai Jaan Sirai Hovehi Hor ||2||	O my Beloved, Your Worth could only be estimated if something else could be placed on the other side of the scale. ||2||	ਹੇ ਪ੍ਰਭੂ! ਤੇਰੇ ਕੀਮਤੀ ਨਾਮ ਦਾ ਮੁੱਲ ਤਦੋਂ ਹੀ ਪੈ ਸਕਦਾ ਹੈ ਜਦੋਂ ਨਾਮ ਨੂੰ ਤੋਲਣ ਵਾਸਤੇ ਤਕੜੀ ਦੇ ਦੂਜੇ ਛਾਬੇ ਵਿਚ (ਸਾਰੀ ਦੁਨੀਆ ਦੇ ਧਨ ਪਦਾਰਥਾਂ ਨੂੰ ਛੱਡ ਕੇ) ਕੋਈ ਹੋਰ ਪਦਾਰਥ ਹੋਣ (ਭਾਵ, ਤੇਰੀਆਂ ਸਿਫ਼ਤਾਂ ਦੇ ਖ਼ਜ਼ਾਨੇ ਹੋਣ! ਤੇਰੇ ਨਾਮ ਵਰਗਾ ਕੀਮਤੀ ਤੇਰਾ ਨਾਮ ਹੀ ਹੈ, ਤੇਰੀਆਂ ਸਿਫ਼ਤ-ਸਾਲਾਹਾਂ ਹੀ ਹਨ) ॥੨॥

56745	1328	ਦੂਖਾ ਤੇ ਸੁਖ ਊਪਜਹਿ ਸੂਖੀ ਹੋਵਹਿ ਦੂਖ॥	ਦੁੱਖਾਂ। ਸੂਖੀਂ: ਪੋਲਾ ਬੋਲੋ	Dhookhaa Thae Sukh Oopajehi Sookhee Hovehi Dhookh ||	Out of pain, pleasure is produced, and out of pleasure comes pain.	(ਦੁਨੀਆ ਵਾਲੇ ਦੁੱਖ-ਕਲੇਸ਼ ਭੀ ਪ੍ਰਭੂ ਦੀ ਬਖ਼ਸ਼ਸ਼ ਦਾ ਵਸੀਲਾ ਹਨ ਕਿਉਂਕਿ ਇਹਨਾਂ) ਦੁੱਖਾਂ ਤੋਂ (ਇਹਨਾਂ ਦੁੱਖਾਂ ਦੇ ਕਾਰਨ ਵਿਸ਼ੇ ਵਿਕਾਰਾਂ ਵਲੋਂ ਪਰਤਿਆਂ) ਆਤਮਕ ਸੁਖ ਪੈਦਾ ਹੋ ਜਾਂਦੇ ਹਨ, (ਤੇ ਦੁਨੀਆਵੀ ਭੋਗਾਂ ਦੇ) ਸੁਖਾਂ ਤੋਂ (ਆਤਮਕ ਤੇ ਸਰੀਰਕ) ਰੋਗ ਉਪਜਦੇ ਹਨ।
56746	1328	ਜਿਤੁ ਮੁਖਿ ਤੂ ਸਾਲਾਹੀਅਹਿ ਤਿਤੁ ਮੁਖਿ ਕੈਸੀ ਭੂਖ॥੩॥	ਸਾਲਾਹੀ–ਅਹਿ	Jith Mukh Thoo Saalaaheeahi Thith Mukh Kaisee Bhookh ||3||	That mouth which praises You - what hunger could that mouth ever suffer? ||3||	ਹੇ ਪ੍ਰਭੂ! ਜਿਸ ਮੂੰਹ ਨਾਲ ਤੇਰੀ ਸਿਫ਼ਤ-ਸਾਲਾਹ ਕੀਤੀ ਜਾਂਦੀ ਹੈ, ਉਸ ਮੂੰਹ ਵਿਚ ਮਾਇਆ ਦੀ ਭੁੱਖ ਨਹੀਂ ਰਹਿ ਜਾਂਦੀ (ਤੇ ਮਾਇਆ ਦੀ ਭੁੱਖ ਦੂਰ ਹੋਇਆਂ ਸਾਰੇ ਦੁੱਖ-ਰੋਗ ਨਾਸ ਹੋ ਜਾਂਦੇ ਹਨ) ॥੩॥
56747	1328	ਨਾਨਕ ਮੂਰਖੁ ਏਕੁ ਤੂ ਅਵਰੁ ਭਲਾ ਸੈਸਾਰੁ॥		Naanak Moorakh Eaek Thoo Avar Bhalaa Saisaar ||	O Nanak, you alone are foolish; all the rest of the world is good.	ਹੇ ਨਾਨਕ! (ਜੇ ਤੇਰੇ ਅੰਦਰ ਪਰਮਾਤਮਾ ਦਾ ਨਾਮ ਨਹੀਂ ਹੈ ਤਾਂ) ਸਿਰਫ਼ ਤੂੰ ਹੀ ਮੂਰਖ ਹੈਂ, ਤੇਰੇ ਨਾਲੋਂ ਹੋਰ ਸੰਸਾਰ ਚੰਗਾ ਹੈ।
56748	1328	ਜਿਤੁ ਤਨਿ ਨਾਮੁ ਨ ਊਪਜੈ ਸੇ ਤਨ ਹੋਹਿ ਖੁਆਰ॥੪॥੨॥		Jith Than Naam N Oopajai Sae Than Hohi Khuaar ||4||2||	That body in which the Naam does not well up - that body becomes miserable. ||4||2||	ਜਿਸ ਜਿਸ ਸਰੀਰ ਵਿਚ ਪ੍ਰਭੂ ਦਾ ਨਾਮ ਨਹੀਂ, ਉਹ ਸਰੀਰ (ਵਿਕਾਰਾਂ ਵਿਚ ਪੈ ਕੇ) ਖ਼ੁਆਰ ਹੁੰਦੇ ਹਨ ॥੪॥੨॥

56749	1328	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	
56750	1328	ਜੈ ਕਾਰਣਿ ਬੇਦ ਬ੍ਰਹਮੈ ਉਚਰੇ ਸੰਕਰਿ ਛੋਡੀ ਮਾਇਆ॥		Jai Kaaran Baedh Brehamai Oucharae Sankar Shhoddee Maaeiaa ||	For His sake, Brahma uttered the Vedas, and Shiva renounced Maya.	ਜਿਸ ਪਰਮਾਤਮਾ ਦੇ ਮਿਲਾਪ ਦੀ ਖ਼ਾਤਰ ਬ੍ਰਹਮਾ ਨੇ ਵੇਦ ਉਚਾਰੇ, ਤੇ ਸ਼ਿਵ ਜੀ ਨੇ ਦੁਨੀਆ ਦੀ ਮਾਇਆ ਤਿਆਗੀ,
56751	1328	ਜੈ ਕਾਰਣਿ ਸਿਧ ਭਏ ਉਦਾਸੀ ਦੇਵੀ ਮਰਮੁ ਨ ਪਾਇਆ॥੧॥	ਦੇਵੀਂ	Jai Kaaran Sidhh Bheae Oudhaasee Dhaevee Maram N Paaeiaa ||1||	For His sake, the Siddhas became hermits and renunciates; even the gods have not realized His Mystery. ||1||	ਜਿਸ ਪ੍ਰਭੂ ਨੂੰ ਪ੍ਰਾਪਤ ਕਰਨ ਵਾਸਤੇ ਜੋਗ-ਸਾਧਨਾ ਵਿਚ ਪੁੱਗੇ ਹੋਏ ਜੋਗੀ (ਦੁਨੀਆ ਵਲੋਂ) ਵਿਰਕਤ ਹੋ ਗਏ (ਉਹ ਬੜਾ ਬੇਅੰਤ ਹੈ), ਦੇਵਤਿਆਂ ਨੇ (ਭੀ) ਉਸ (ਦੇ ਗੁਣਾਂ) ਦਾ ਭੇਤ ਨਹੀਂ ਪਾਇਆ ॥੧॥
56752	1328	ਬਾਬਾ ਮਨਿ ਸਾਚਾ ਮੁਖਿ ਸਾਚਾ ਕਹੀਐ ਤਰੀਐ ਸਾਚਾ ਹੋਈ॥		Baabaa Man Saachaa Mukh Saachaa Keheeai Thareeai Saachaa Hoee ||	O Baba, keep the True Lord in your mind, and utter the Name of the True Lord with your mouth; the True Lord will carry you across.	ਹੇ ਭਾਈ! ਆਪਣੇ ਮਨ ਵਿਚ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਵਸਾਣਾ ਚਾਹੀਦਾ ਹੈ, ਮੂੰਹ ਨਾਲ ਸਦਾ-ਥਿਰ ਪ੍ਰਭੂ ਦੀਆਂ ਸਿਫ਼ਤਾਂ ਕਰਨੀਆਂ ਚਾਹੀਦੀਆਂ ਹਨ, (ਇਸ ਤਰ੍ਹਾਂ ਸੰਸਾਰ-ਸਮੁੰਦਰ ਦੀਆਂ ਵਿਕਾਰ-ਲਹਿਰਾਂ ਤੋਂ) ਪਾਰ ਲੰਘ ਜਾਈਦਾ ਹੈ, ਉਸ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਈਦਾ ਹੈ।

56753	1328	ਦੁਸਮਨੁ ਦੂਖੁ ਨ ਆਵੈ ਨੇੜੈ ਹਰਿ ਮਤਿ ਪਾਵੈ ਕੋਈ॥੧॥ਰਹਾਉ॥		Dhusaman Dhookh N Aavai Naerrai Har Math Paavai Koee ||1|| Rehaao ||	Enemies and pain shall not even approach you; only a rare few realize the Wisdom of the Lord. ||1||Pause||	ਜੇਹੜਾ ਕੋਈ ਮਨੁੱਖ ਪਰਮਾਤਮਾ ਦਾ ਸਿਮਰਨ ਕਰਨ ਦੀ ਅਕਲ ਸਿੱਖ ਲੈਂਦਾ ਹੈ, ਕੋਈ ਵੈਰੀ ਉਸ ਉਤੇ ਜ਼ੋਰ ਨਹੀਂ ਪਾ ਸਕਦਾ, ਕੋਈ ਦੁੱਖ-ਕਲੇਸ਼ ਉਸ ਨੂੰ ਦਬਾ ਨਹੀਂ ਸਕਦਾ ॥੧॥ ਰਹਾਉ ॥
56754	1328	ਅਗਨਿ ਬਿੰਬ ਪਵਣੈ ਕੀ ਬਾਣੀ ਤੀਨਿ ਨਾਮ ਕੇ ਦਾਸਾ॥		Agan Binb Pavanai Kee Baanee Theen Naam Kae Dhaasaa ||	Fire, water and air make up the world; these three are the slaves of the Naam, the Name of the Lord.	ਇਹ ਸਾਰਾ ਜਗਤ ਤਮੋ ਗੁਣ, ਸਤੋ ਗੁਣ ਤੇ ਰਜੋ ਗੁਣ ਦੀ ਰਚਨਾ ਹੈ (ਸਾਰੇ ਜੀਅ ਜੰਤ ਇਹਨਾਂ ਗੁਣਾਂ ਦੇ ਅਧੀਨ ਹਨ), ਪਰ ਇਹ ਤਿੰਨੇ ਗੁਣ ਪ੍ਰਭੂ ਦੇ ਨਾਮ ਦੇ ਦਾਸ ਹਨ (ਜੇਹੜੇ ਬੰਦੇ ਨਾਮ ਜਪਦੇ ਹਨ, ਉਹਨਾਂ ਉਤੇ ਇਹ ਤਿੰਨ ਗੁਣ ਆਪਣਾ ਜ਼ੋਰ ਨਹੀਂ ਪਾ ਸਕਦੇ)।
56755	1328	ਤੇ ਤਸਕਰ ਜੋ ਨਾਮੁ ਨ ਲੇਵਹਿ ਵਾਸਹਿ ਕੋਟ ਪੰਚਾਸਾ॥੨॥		Thae Thasakar Jo Naam N Laevehi Vaasehi Kott Panchaasaa ||2||	One who does not chant the Naam is a thief, dwelling in the fortress of the five thieves. ||2||	(ਪਰ ਹਾਂ) ਜੇਹੜੇ ਜੀਵ ਪ੍ਰਭੂ ਦਾ ਨਾਮ ਨਹੀਂ ਸਿਮਰਦੇ ਉਹ (ਇਹਨਾਂ ਤਿੰਨਾਂ ਗੁਣਾਂ ਦੇ) ਚੋਰ ਹਨ (ਇਹਨਾਂ ਤੋਂ ਕੁੱਟ ਖਾਂਦੇ ਹਨ, ਕਿਉਂਕਿ) ਉਹ ਸਦਾ (ਕਾਮਾਦਿਕ) ਸ਼ੇਰਾਂ ਦੇ ਘੁਰਨਿਆਂ ਵਿਚ ਵੱਸਦੇ ਹਨ ॥੨॥

56756	1328	ਜੇ ਕੋ ਏਕ ਕਰੈ ਚੰਗਿਆਈ ਮਨਿ ਚਿਤਿ ਬਹੁਤੁ ਬਫਾਵੈ॥		Jae Ko Eaek Karai Changiaaee Man Chith Bahuth Bafaavai ||	If someone does a good deed for someone else, he totally puffs himself up in his conscious mind.	(ਵੇਖੋ, ਉਸ ਪਰਮਾਤਮਾ ਦੀ ਖੁਲ੍ਹ-ਦਿਲੀ!) ਜੇ ਕੋਈ ਬੰਦਾ (ਕਿਸੇ ਨਾਲ) ਕੋਈ ਇੱਕ ਭਲਾਈ ਕਰਦਾ ਹੈ; ਤਾਂ ਉਹ ਆਪਣੇ ਮਨ ਵਿਚ ਚਿੱਤ ਵਿਚ ਬੜੀਆਂ ਫੜਾਂ ਮਰਦਾ ਹੈ (ਬੜਾ ਮਾਣ ਕਰਦਾ ਹੈ, ਪਰ)
56757	1328	ਏਤੇ ਗੁਣ ਏਤੀਆ ਚੰਗਿਆਈਆ ਦੇਇ ਨ ਪਛੋਤਾਵੈ॥੩॥		Eaethae Gun Eaetheeaa Changiaaeeaa Dhaee N Pashhothaavai ||3||	The Lord bestows so many virtues and so much goodness; He does not ever regret it. ||3||	ਪਰਮਾਤਮਾ ਵਿਚ ਇਤਨੇ ਬੇਅੰਤ ਗੁਣ ਹਨ, ਉਹ ਇਤਨੀਆਂ ਭਲਾਈਆਂ ਕਰਦਾ ਹੈ, ਉਹ (ਸਭ ਜੀਵਾਂ ਨੂੰ ਦਾਤਾਂ) ਦੇਂਦਾ ਹੈ, ਪਰ ਦਾਤਾਂ ਦੇ ਦੇ ਕੇ ਕਦੇ ਅਫ਼ਸੋਸ ਨਹੀਂ ਕਰਦਾ (ਕਿ ਜੀਵ ਦਾਤਾਂ ਲੈ ਕੇ ਕਦਰ ਨਹੀਂ ਕਰਦੇ) ॥੩॥
56758	1328	ਤੁਧੁ ਸਾਲਾਹਨਿ ਤਿਨ ਧਨੁ ਪਲੈ ਨਾਨਕ ਕਾ ਧਨੁ ਸੋਈ॥		Thudhh Saalaahan Thin Dhhan Palai Naanak Kaa Dhhan Soee ||	Those who praise You gather the wealth in their laps; this is Nanak's wealth.	ਹੇ ਪ੍ਰਭੂ! ਜੇਹੜੇ ਬੰਦੇ ਤੇਰੀ ਸਿਫ਼ਤ-ਸਾਲਾਹ ਕਰਦੇ ਹਨ, ਉਹਨਾਂ ਦੇ ਹਿਰਦੇ ਵਿਚ ਤੇਰਾ ਨਾਮ-ਧਨ ਹੈ (ਉਹ ਅਸਲ ਧਨੀ ਹਨ), ਮੈਂ ਨਾਨਕ ਦਾ ਧਨ ਭੀ ਤੇਰਾ ਨਾਮ ਹੀ ਹੈ।
56759	1328	ਜੇ ਕੋ ਜੀਉ ਕਹੈ ਓਨਾ ਕਉ ਜਮ ਕੀ ਤਲਬ ਨ ਹੋਈ॥੪॥੩॥		Jae Ko Jeeo Kehai Ounaa Ko Jam Kee Thalab N Hoee ||4||3||	Whoever shows respect to them is not summoned by the Messenger of Death. ||4||3||	(ਜਿਨ੍ਹਾਂ ਦੇ ਪੱਲੇ ਨਾਮ-ਧਨ ਹੈ) ਜੇ ਕੋਈ ਉਹਨਾਂ ਨਾਲ ਆਦਰ-ਸਤਕਾਰ ਦਾ ਬੋਲ ਬੋਲਦਾ ਹੈ, ਤਾਂ ਜਮਰਾਜ (ਭੀ) ਉਹਨਾਂ ਤੋਂ ਕਰਮਾਂ ਦਾ ਲੇਖਾ ਨਹੀਂ ਪੁੱਛਦਾ (ਭਾਵ, ਉਹ ਮੰਦੇ ਪਾਸੇ ਵਲੋਂ ਹਟ ਜਾਂਦੇ ਹਨ) ॥੪॥੩॥

56760	1328	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	
56761	1328	ਜਾ ਕੈ ਰੂਪੁ ਨਾਹੀ ਜਾਤਿ ਨਾਹੀ ਨਾਹੀ ਮੁਖੁ ਮਾਸਾ॥		Jaa Kai Roop Naahee Jaath Naahee Naahee Mukh Maasaa ||	One who has no beauty, no social status, no mouth, no flesh	(ਹੇ ਜੋਗੀ!) ਜਿਨ੍ਹਾਂ ਪਾਸ ਰੂਪ ਨਹੀਂ, ਜਿਨ੍ਹਾਂ ਦੀ ਉੱਚੀ ਜਾਤਿ ਨਹੀਂ, ਜਿਨ੍ਹਾਂ ਦੇ ਸੋਹਣੇ ਨਕਸ਼ ਨਹੀਂ, ਜਿਨ੍ਹਾਂ ਪਾਸ ਸਰੀਰਕ ਬਲ ਨਹੀਂ,
56762	1328	ਸਤਿਗੁਰਿ ਮਿਲੇ ਨਿਰੰਜਨੁ ਪਾਇਆ ਤੇਰੈ ਨਾਮਿ ਹੈ ਨਿਵਾਸਾ॥੧॥		Sathigur Milae Niranjan Paaeiaa Thaerai Naam Hai Nivaasaa ||1||	- meeting with the True Guru, he finds the Immaculate Lord, and dwells in Your Name. ||1||	ਜਦੋਂ ਉਹ ਗੁਰੂ-ਚਰਨਾਂ ਵਿਚ ਜੁੜੇ, ਤਾਂ ਉਹਨਾਂ ਨੂੰ ਮਾਇਆ-ਰਹਿਤ ਪ੍ਰਭੂ ਮਿਲ ਪਿਆ। (ਹੇ ਪ੍ਰਭੂ! ਗੁਰੂ ਦੀ ਸਰਨ ਪੈਣ ਨਾਲ) ਉਹਨਾਂ ਦਾ ਨਿਵਾਸ ਤੇਰੇ ਨਾਮ ਵਿਚ ਹੋ ਗਿਆ ॥੧॥
56763	1328	ਅਉਧੂ ਸਹਜੇ ਤਤੁ ਬੀਚਾਰਿ॥		Aoudhhoo Sehajae Thath Beechaar ||	O detached Yogi, contemplate the essence of reality,	ਹੇ ਜੋਗੀ! (ਤੂੰ ਘਰ ਬਾਰ ਛੱਡ ਕੇ ਪਿੰਡੇ ਤੇ ਸੁਆਹ ਮਲ ਕੇ ਹੀ ਇਹ ਸਮਝੀ ਬੈਠਾ ਹੈਂ ਕਿ ਤੂੰ ਜਨਮ ਮਰਨ ਦੇ ਚੱਕਰ ਵਿਚੋਂ ਨਿਕਲ ਗਿਆ ਹੈਂ, ਤੈਨੂੰ ਭੁਲੇਖਾ ਹੈ)। ਅਡੋਲ ਆਤਮਕ ਅਵਸਥਾ ਵਿਚ ਟਿਕ ਕੇ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਸੁਰਤ ਜੋੜ।

56764	1328	ਜਾ ਤੇ ਫਿਰਿ ਨ ਆਵਹੁ ਸੈਸਾਰਿ॥੧॥ਰਹਾਉ॥		Jaa Thae Fir N Aavahu Saisaar ||1|| Rehaao ||	And you shall never again come to be born into the world. ||1||Pause||	(ਇਹੀ ਤਰੀਕਾ ਹੈ) ਜਿਸ ਨਾਲ ਤੂੰ ਮੁੜ ਜਨਮ ਮਰਨ ਦੇ ਗੇੜ ਵਿਚ ਨਹੀਂ ਆਵੇਂਗਾ ॥੧॥ ਰਹਾਉ ॥
56765	1328	ਜਾ ਕੈ ਕਰਮੁ ਨਾਹੀ ਧਰਮੁ ਨਾਹੀ ਨਾਹੀ ਸੁਚਿ ਮਾਲਾ॥		Jaa Kai Karam Naahee Dhharam Naahee Naahee Such Maalaa ||	One who does not have good karma or Dharmic faith, sacred rosary or mala	(ਹੇ ਜੋਗੀ!) ਜੋ ਬੰਦੇ ਸ਼ਾਸਤ੍ਰਾਂ ਦਾ ਦੱਸਿਆ ਹੋਇਆ ਕੋਈ ਕਰਮ ਧਰਮ ਨਹੀਂ ਕਰਦੇ, ਜਿਨ੍ਹਾਂ ਚੌਕੇ ਆਦਿਕ ਦੀ ਕੋਈ ਸੁੱਚ ਨਹੀਂ ਰੱਖੀ, ਜਿਨ੍ਹਾਂ ਦੇ ਗਲ ਵਿਚ (ਤੁਲਸੀ ਆਦਿਕ ਦੀ) ਮਾਲਾ ਨਹੀਂ,
56766	1328	ਸਿਵ ਜੋਤਿ ਕੰਨਹੁ ਬੁਧਿ ਪਾਈ ਸਤਿਗੁਰੂ ਰਖਵਾਲਾ॥੨॥		Siv Joth Kannahu Budhh Paaee Sathiguroo Rakhavaalaa ||2||	- through the Light of God, wisdom is bestowed; the True Guru is our Protector. ||2||	ਜਦੋਂ ਉਹਨਾਂ ਦਾ ਰਾਖਾ ਗੁਰੂ ਬਣ ਗਿਆ, ਉਹਨਾਂ ਨੂੰ ਕੱਲਿਆਣ-ਰੂਪ ਨਿਰੰਕਾਰੀ ਜੋਤਿ ਪਾਸੋਂ (ਉਸ ਦੀ ਸਿਫ਼ਤ-ਸਾਲਾਹ ਵਿਚ ਜੁੜਨ ਦੀ) ਅਕਲ ਮਿਲ ਗਈ ॥੨॥
56767	1328	ਜਾ ਕੈ ਬਰਤੁ ਨਾਹੀ ਨੇਮੁ ਨਾਹੀ ਨਾਹੀ ਬਕਬਾਈ॥	(ਬਕਬਾਈ) ਬਕਵਾਸ	Jaa Kai Barath Naahee Naem Naahee Naahee Bakabaaee ||	One who does not observe any fasts, make religious vows or chant	(ਹੇ ਜੋਗੀ!) ਜਿਨ੍ਹਾਂ ਬੰਦਿਆਂ ਨੇ ਕਦੇ ਕੋਈ ਵਰਤ ਨਹੀਂ ਰੱਖਿਆ, ਕੋਈ (ਇਹੋ ਜਿਹਾ ਹੋਰ) ਨੇਮ ਨਹੀਂ ਧਾਰਿਆ, ਜੇਹੜੇ ਸ਼ਾਸਤ੍ਰ-ਚਰਚਾ ਦੇ ਕੋਈ ਚਤੁਰਾਈ ਵਾਲੇ ਬੋਲ ਬੋਲਣੇ ਨਹੀਂ ਜਾਣਦੇ,

56768	1328	ਗਤਿ ਅਵਗਤਿ ਕੀ ਚਿੰਤ ਨਾਹੀ ਸਤਿਗੁਰੂ ਫੁਰਮਾਈ॥੩॥		Gath Avagath Kee Chinth Naahee Sathiguroo Furamaaee ||3||	- he does not have to worry about good luck or bad, if he obeys the Command of the True Guru. ||3||	ਜਦੋਂ ਗੁਰੂ ਦਾ ਉਪਦੇਸ਼ ਉਹਨਾਂ ਨੂੰ ਮਿਲਿਆ, ਤਾਂ ਮੁਕਤੀ ਜਾਂ ਨਰਕ ਦਾ ਉਹਨਾਂ ਨੂੰ ਕੋਈ ਫ਼ਿਕਰ ਸਹਿਮ ਨਾਹ ਰਹਿ ਗਿਆ ॥੩॥
56769	1328	ਜਾ ਕੈ ਆਸ ਨਾਹੀ ਨਿਰਾਸ ਨਾਹੀ ਚਿਤਿ ਸੁਰਤਿ ਸਮਝਾਈ॥		Jaa Kai Aas Naahee Niraas Naahee Chith Surath Samajhaaee ||	One who is not hopeful, nor hopeless, who has trained his intuitive consciousness	ਜਿਸ ਜੀਵ ਪਾਸ ਧਨ-ਪਦਾਰਥ ਨਹੀਂ ਕਿ ਉਹ ਦੁਨੀਆ ਦੀਆਂ ਆਸਾਂ ਚਿੱਤ ਵਿਚ ਬਣਾਈ ਰੱਖੇ, ਜਿਸ ਜੀਵ ਦੇ ਚਿੱਤ ਵਿਚ ਮਾਇਆ ਵਲੋਂ ਉਪਰਾਮ ਹੋ ਕੇ ਗ੍ਰਿਹਸਤ-ਤਿਆਗ ਦੇ ਖ਼ਿਆਲ ਭੀ ਨਹੀਂ ਉਠਦੇ, ਜਿਸ ਨੂੰ ਕੋਈ ਅਜੇਹੀ ਸੁਰਤ ਨਹੀਂ ਸਮਝ ਨਹੀਂ,
56770	1328	ਤੰਤ ਕਉ ਪਰਮਤੰਤੁ ਮਿਲਿਆ ਨਾਨਕਾ ਬੁਧਿ ਪਾਈ ॥੪॥੪॥		Thanth Ko Param Thanth Miliaa Naanakaa Budhh Paaee ||4||4||	- his being blends with the Supreme Being. O Nanak, his awareness is awakened. ||4||4||	ਹੇ ਨਾਨਕ! ਜਦੋਂ ਉਸ ਨੂੰ (ਸਤਿਗੁਰੂ ਪਾਸੋਂ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਜੁੜਨ ਦੀ) ਅਕਲ ਮਿਲਦੀ ਹੈ, ਤਾਂ ਉਸ ਜੀਵ ਨੂੰ ਪਰਮਾਤਮਾ ਮਿਲ ਪੈਂਦਾ ਹੈ ॥੪॥੪॥
56771	1328	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	

56772	1328	ਤਾ ਕਾ ਕਹਿਆ ਦਰਿ ਪਰਵਾਣੁ॥		Thaa Kaa Kehiaa Dhar Paravaan ||	What he says is approved in the Court of the Lord.	(ਪਰਮਾਤਮਾ ਦੀ ਰਜ਼ਾ ਬਾਰੇ) ਉਸ ਮਨੁੱਖ ਦਾ ਬੋਲਿਆ ਹੋਇਆ ਬਚਨ ਪਰਮਾਤਮਾ ਦੇ ਦਰ ਤੇ ਠੀਕ ਮੰਨਿਆ ਜਾਂਦਾ ਹੈ,
56773	1328	ਬਿਖੁ ਅੰਮ੍ਰਿਤੁ ਦੁਇ ਸਮ ਕਰਿ ਜਾਣੁ॥੧॥		Bikh Anmrith Dhue Sam Kar Jaan ||1||	He looks upon poison and nectar as one and the same. ||1||	ਜੋ ਮਨੁੱਖ ਜ਼ਹਰ ਤੇ ਅੰਮ੍ਰਿਤ (ਦੁੱਖ ਤੇ ਸੁਖ) ਦੋਹਾਂ ਨੂੰ ਇਕੋ ਜਿਹਾ ਸਮਝਣ-ਜੋਗਾ ਹੋ ਜਾਂਦਾ ਹੈ। (ਕਿਉਂਕਿ ਉਹ ਮਨੁੱਖ ਚੰਗੀ ਤਰ੍ਹਾਂ ਜਾਣਦਾ ਹੈ ਕਿ ਜਿਨ੍ਹਾਂ ਨੂੰ ਸੁਖ ਜਾਂ ਦੁੱਖ ਮਿਲਦਾ ਹੈ ਉਹਨਾਂ ਸਭਨਾਂ ਵਿਚ ਪਰਮਾਤਮਾ ਆਪ ਮੌਜੂਦ ਹੈ) ॥੧॥
56774	1328	ਕਿਆ ਕਹੀਐ ਸਰਬੇ ਰਹਿਆ ਸਮਾਇ॥		Kiaa Keheeai Sarabae Rehiaa Samaae ||	What can I say? You are permeating and pervading all.	(ਕਿਸੇ ਨੂੰ ਸੁਖ ਹੈ ਕਿਸੇ ਨੂੰ ਦੁੱਖ ਮਿਲ ਰਿਹਾ ਹੈ, ਪਰ ਇਸ ਦੇ ਉਲਟ) ਕੁਝ ਕਿਹਾ ਨਹੀਂ ਜਾ ਸਕਦਾ ਕਿਉਂਕਿ ਤੂੰ ਸਭ ਜੀਵਾਂ ਵਿਚ ਮੌਜੂਦ ਹੈਂ (ਜਿਨ੍ਹਾਂ ਨੂੰ ਸੁਖ ਜਾਂ ਦੁੱਖ ਮਿਲਦਾ ਹੈ ਉਹਨਾਂ ਵਿਚ ਭੀ ਤੂੰ ਆਪ ਹੀ ਵਿਆਪਕ ਹੈਂ, ਤੇ ਆਪ ਹੀ ਉਸ ਸੁਖ ਜਾਂ ਦੁੱਖ ਨੂੰ ਭੋਗ ਰਿਹਾ ਹੈਂ)

56775	1328	ਜੋ ਕਿਛੁ ਵਰਤੈ ਸਭ ਤੇਰੀ ਰਜਾਇ॥੧॥ਰਹਾਉ॥		Jo Kishh Varathai Sabh Thaeree Rajaae ||1|| Rehaao ||	Whatever happens, is all by Your Will. ||1||Pause||	ਹੇ ਪ੍ਰਭੂ! (ਜਗਤ ਵਿਚ) ਜੋ ਕੁਝ ਵਾਪਰ ਰਿਹਾ ਹੈ ਸਭ ਤੇਰੇ ਹੁਕਮ ਅਨੁਸਾਰ ਵਾਪਰ ਰਿਹਾ ਹੈ ॥੧॥ ਰਹਾਉ ॥
56776	1328	ਪ੍ਰਗਟੀ ਜੋਤਿ ਚੂਕਾ ਅਭਿਮਾਨੁ॥		Pragattee Joth Chookaa Abhimaan ||	The Divine Light shines radiantly, and egotistical pride is dispelled.	ਉਸ ਮਨੁੱਖ ਦੇ ਅੰਦਰ ਪਰਮਾਤਮਾ ਦੀ ਜੋਤਿ ਦਾ ਚਾਨਣ ਹੋ ਜਾਂਦਾ ਹੈ (ਉਸ ਚਾਨਣ ਦੀ ਬਰਕਤਿ ਨਾਲ ਉਸ ਨੂੰ ਆਪਣੇ ਵਿਤ ਦੀ ਸਮਝ ਆ ਜਾਂਦੀ ਹੈ, ਇਸ ਵਾਸਤੇ ਉਸ ਦੇ ਅੰਦਰੋਂ) ਅਹੰਕਾਰ ਦੂਰ ਹੋ ਜਾਂਦਾ ਹੈ,
56777	1328	ਸਤਿਗੁਰਿ ਦੀਆ ਅੰਮ੍ਰਿਤ ਨਾਮੁ॥੨॥		Sathigur Dheeaa Anmrith Naam ||2||	The True Guru bestows the Ambrosial Naam, the Name of the Lord. ||2||	ਜਿਸ ਮਨੁੱਖ ਨੂੰ ਸਤਿਗੁਰੂ ਨੇ ਆਤਮਕ ਜੀਵਨ ਦੇਣ ਵਾਲਾ ਪ੍ਰਭੂ ਦਾ ਨਾਮ ਦਿੱਤਾ ਹੈ ॥੨॥
56778	1328	ਕਲਿ ਮਹਿ ਆਇਆ ਸੋ ਜਨੁ ਜਾਣੁ॥		Kal Mehi Aaeiaa So Jan Jaan ||	In this Dark Age of Kali Yuga, one's birth is approved,	ਉਸੇ ਮਨੁੱਖ ਨੂੰ ਜਗਤ ਵਿਚ ਜਨਮਿਆ ਸਮਝੋ (ਭਾਵ, ਉਸੇ ਮਨੁੱਖ ਦਾ ਜਗਤ ਵਿਚ ਆਉਣਾ ਸਫਲ ਹੈ, ਜੋ ਸਰਬ-ਵਿਆਪਕ ਪਰਮਾਤਮਾ ਦੀ ਰਜ਼ਾ ਨੂੰ ਸਮਝਦਾ ਹੈ, ਤੇ ਇਸ ਵਾਸਤੇ)
56779	1328	ਸਾਚੀ ਦਰਗਹ ਪਾਵੈ ਮਾਣੁ॥੩॥		Saachee Dharageh Paavai Maan ||3||	If one is honored in the True Court. ||3||	ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੀ ਦਰਗਾਹ ਵਿਚ ਇੱਜ਼ਤ ਹਾਸਲ ਕਰਦਾ ਹੈ ॥੩॥

56780	1328	ਕਹਣਾ ਸੁਨਣਾ ਅਕਥ ਘਰਿ ਜਾਇ॥	ਅ-ਕਥ: ਪੋਲਾ ਬੋਲੋ	Kehanaa Sunanaa Akathh Ghar Jaae ||	Speaking and listening, one goes to the Celestial Home of the Indescribable Lord.	ਉਹੀ ਬਚਨ ਬੋਲਣੇ ਤੇ ਸੁਣਨੇ ਸਫਲ ਹਨ ਜਿਨ੍ਹਾਂ ਦੀ ਰਾਹੀਂ ਮਨੁੱਖ ਬੇਅੰਤ ਗੁਣਾਂ ਵਾਲੇ ਪਰਮਾਤਮਾ ਦੇ ਚਰਨਾਂ ਵਿਚ ਜੁੜ ਸਕਦਾ ਹੈ,
56781	1328	ਕਥਨੀ ਬਦਨੀ ਨਾਨਕ ਜਲਿ ਜਾਇ॥੪॥੫॥		Kathhanee Badhanee Naanak Jal Jaae ||4||5||	Mere words of mouth, O Nanak, are burnt away. ||4||5||	ਪਰ ਹੇ ਨਾਨਕ! (ਪਰਮਾਤਮਾ ਦੀ ਰਜ਼ਾ ਤੋਂ ਪਰੇ ਲੈ ਜਾਣ ਵਾਲੀ, ਪਰਮਾਤਮਾ ਦੇ ਚਰਨਾਂ ਤੋਂ ਦੂਰ ਰੱਖਣ ਵਾਲੀ) ਹੋਰ ਹੋਰ ਕਹਣੀ ਕਥਨੀ ਵਿਅਰਥ ਜਾਂਦੀ ਹੈ ॥੪॥੫॥
56782	1328	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	
56783	1328	ਅੰਮ੍ਰਿਤੁ ਨੀਰੁ ਗਿਆਨਿ ਮਨ ਮਜਨੁ ਅਠਸਠਿ ਤੀਰਥ ਸੰਗਿ ਗਹੇ॥		Anmrith Neer Giaan Man Majan Athasath Theerathh Sang Gehae ||	One who bathes in the Ambrosial Water of spiritual wisdom takes with him the virtues of the sixty-eight sacred shrines of pilgrimage.	(ਗੁਰੂ ਤੋਂ ਮਿਲਣ ਵਾਲਾ) ਪ੍ਰਭੂ-ਨਾਮ (ਗੁਰੂ-ਤੀਰਥ ਦਾ) ਜਲ ਹੈ, ਗੁਰੂ ਤੋਂ ਮਿਲੇ ਆਤਮਕ ਚਾਨਣ ਵਿਚ ਮਨ ਦੀ ਚੁੱਭੀ (ਉਸ ਗੁਰ-ਤੀਰਥ ਦਾ) ਇਸ਼ਨਾਨ ਹੈ, (ਗੁਰੂ-ਤੀਰਥ ਦੇ) ਨਾਲ ਹੀ ਅਠਾਹਠ ਤੀਰਥ (ਦੇ ਇਸ਼ਨਾਨ) ਮਿਲ ਜਾਂਦੇ ਹਨ।

56784	1328	ਗੁਰ ਉਪਦੇਸਿ ਜਵਾਹਰ ਮਾਣਕ ਸੇਵੇ ਸਿਖੁ ਸੋ ਖੋਜਿ ਲਹੈ॥੧॥		Gur Oupadhaes Javaahar Maanak Saevae Sikh Suo Khoj Lehai ||1||	The Guru's Teachings are the gems and jewels; the Sikh who serves Him searches and finds them. ||1||	ਗੁਰੂ ਦੇ ਉਪਦੇਸ਼ (-ਰੂਪ ਡੂੰਘੇ ਪਾਣੀਆਂ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ) ਮੋਤੀ ਤੇ ਜਵਾਹਰ ਹਨ। ਜੇਹੜਾ ਸਿੱਖ (ਗੁਰੂ-ਤੀਰਥ ਨੂੰ) ਸੇਂਵਦਾ ਹੈ (ਸਰਧਾ ਨਾਲ ਆਉਂਦਾ ਹੈ) ਉਹ ਭਾਲ ਕਰ ਕੇ ਲੱਭ ਲੈਂਦਾ ਹੈ ॥੧॥
56785	1328	ਗੁਰ ਸਮਾਨਿ ਤੀਰਥੁ ਨਹੀ ਕੋਇ॥		Gur Samaan Theerathh Nehee Koe ||	There is no sacred shrine equal to the Guru.	ਗੁਰੂ ਦੇ ਬਰਾਬਰ ਦਾ ਹੋਰ ਕੋਈ ਤੀਰਥ ਨਹੀਂ ਹੈ।
56786	1328	ਸਰੁ ਸੰਤੋਖੁ ਤਾਸੁ ਗੁਰੁ ਹੋਇ॥੧॥ਰਹਾਉ॥	ਦਰੀ-ਆਉ	Sar Santhokh Thaas Gur Hoe ||1|| Rehaao ||	The Guru encompasses the ocean of contentment. ||1||Pause||	ਉਹ ਗੁਰੂ ਹੀ ਸੰਤੋਖ-ਰੂਪ ਸਰੋਵਰ ਹੈ ॥੧॥ ਰਹਾਉ ॥
56787	1329	ਗੁਰੁ ਦਰੀਆਉ ਸਦਾ ਜਲੁ ਨਿਰਮਲੁ ਮਿਲਿਆ ਦੁਰਮਤਿ ਮੈਲੁ ਹਰੈ॥		Gur Dhareeaao Sadhaa Jal Niramal Miliaa Dhuramath Mail Harai ||	The Guru is the River, from which the Pure Water is obtained forever; it washes away the filth and pollution of evil-mindedness.	ਗੁਰੂ ਇਕ (ਐਸਾ) ਦਰਿਆ ਹੈ ਜਿਸ ਪਾਸੋਂ ਮਿਲਦਾ ਨਾਮ-ਅੰਮ੍ਰਿਤ ਉਸ ਦਰਿਆ ਵਿਚ (ਐਸਾ) ਜਲ ਹੈ ਜੋ ਸਦਾ ਹੀ ਸਾਫ਼ ਰਹਿੰਦਾ ਹੈ, ਜਿਸ ਮਨੁੱਖ ਨੂੰ ਉਹ ਜਲ ਮਿਲਦਾ ਹੈ ਉਸ ਦੀ ਖੋਟੀ ਮੱਤ ਦੀ ਮੈਲ ਦੂਰ ਕਰ ਦੇਂਦਾ ਹੈ।

56788	1329	ਸਤਿਗੁਰਿ ਪਾਇਐ ਪੂਰਾ ਨਾਵਣੁ ਪਸੂ ਪਰੇਤਹੁ ਦੇਵ ਕਰੈ॥੨॥		Sathigur Paaeiai Pooraa Naavan Pasoo Paraethahu Dhaev Karai ||2||	Finding the True Guru, the perfect cleansing bath is obtained, which transforms even beasts and ghosts into gods. ||2||	ਜੇ ਗੁਰੂ ਮਿਲ ਪਏ ਤਾਂ (ਉਸ ਗੁਰੂ-ਦਰਿਆ ਵਿਚ ਕੀਤਾ ਇਸ਼ਨਾਨ) ਸਫਲ ਇਸ਼ਨਾਨ ਹੁੰਦਾ ਹੈ, ਗੁਰੂ ਪਸ਼ੂਆਂ ਤੋਂ ਪਰੇਤਾਂ ਤੋਂ ਦੇਵਤੇ ਬਣਾ ਦੇਂਦਾ ਹੈ ॥੨॥
56789	1329	ਰਤਾ ਸਚਿ ਨਾਮਿ ਤਲ ਹੀਅਲੁ ਸੋ ਗੁਰੁ ਪਰਮਲੁ ਕਹੀਐ॥	ਪੂਰਨ ਗੁਰੂ ਜੀ ਦਾ (ਪਰਉਪਕਾਰੀ) ਹੀਅਲੁ ਰਿਦਾ। ਤਲ:ਪੋਲਾ ਬੋਲੋ। (ਤਲ) ਅੰਦਰੋਂ ਸੱਚੇ ਨਾਮ ਚ ਰੰਗਿਆ ਹੈ, ਬਾਹਰੋਂ ਦਿਖਾਵਾ ਨਹੀਂ ਕਰਦੇ।(ਪਰਮਲੁ) ਗੁਰੂ ਬਾਵਨ ਚੰਦਨ ਸਰੂਪ। ਰੱਤਾ	Rathaa Sach Naam Thal Heeal So Gur Paramal Keheeai ||	He is said to be the Guru, with the scent of sandalwood, who is imbued with the True Name to the bottom of His Heart.	ਜਿਸ ਗੁਰੂ ਦੇ ਗਿਆਨ-ਇੰਦ੍ਰੇ ਜਿਸ ਗੁਰੂ ਦਾ ਹਿਰਦਾ (ਸਦਾ) ਪਰਮਾਤਮਾ ਦੇ ਨਾਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਉਸ ਗੁਰੂ ਨੂੰ ਚੰਦਨ ਆਖਣਾ ਚਾਹੀਦਾ ਹੈ,
56790	1329	ਜਾ ਕੀ ਵਾਸੁ ਬਨਾਸਪਤਿ ਸਉਰੈ ਤਾਸੁ ਚਰਣ ਲਿਵ ਰਹੀਐ॥੩॥	ਕੋਟਿ ਬ੍ਰਹਮੰਡ ਦੀ ਰਚਨਾ ਰੂਪ ਬਨਾਸਪਤਿ ਬਨਾਸਪਤੀ। ਸਉਰੈ ਸੁਧਰਨਾ,ਬਨਾਸ-ਪਤਿ	Jaa Kee Vaas Banaasapath Sourai Thaas Charan Liv Reheeai ||3||	By His Fragrance, the world of vegetation is perfumed. Lovingly focus yourself on His Feet. ||3||	ਚੰਦਨ ਦੀ ਸੁਗੰਧੀ (ਨੇੜੇ ਉੱਗੀ) ਬਨਸਪਤੀ ਨੂੰ ਸੁਗੰਧਿਤ ਕਰ ਦੇਂਦੀ ਹੈ (ਗੁਰੂ ਦਾ ਉਪਦੇਸ਼ ਸਰਨ ਆਏ ਬੰਦਿਆਂ ਦੇ ਜੀਵਨ ਸੰਵਾਰ ਦੇਂਦਾ ਹੈ), ਉਸ ਗੁਰੂ ਦੇ ਚਰਨਾਂ ਵਿਚ ਸੁਰਤ ਜੋੜ ਰੱਖਣੀ ਚਾਹੀਦੀ ਹੈ ॥੩॥

56791	1329	ਗੁਰਮੁਖਿ ਜੀਅ ਪ੍ਰਾਨ ਉਪਜਹਿ ਗੁਰਮੁਖਿ ਸਿਵ ਘਰਿ ਜਾਈਐ॥		Guramukh Jeea Praan Oupajehi Guramukh Siv Ghar Jaaeeai ||	The life of the soul wells up for the Gurmukh; the Gurmukh goes to the House of God.	ਗੁਰੂ ਦੀ ਸਰਨ ਪਿਆਂ ਜੀਵਾਂ ਦੇ ਅੰਦਰ ਆਤਮਕ ਜੀਵਨ ਪੈਦਾ ਹੋ ਜਾਂਦੇ ਹਨ, ਗੁਰੂ ਦੀ ਰਾਹੀਂ ਉਸ ਪ੍ਰਭੂ ਦੇ ਦਰ ਤੇ ਪਹੁੰਚ ਜਾਈਦਾ ਹੈ ਜੋ ਸਦਾ ਆਨੰਦ-ਸਰੂਪ ਹੈ।
56792	1329	ਗੁਰਮੁਖਿ ਨਾਨਕ ਸਚਿ ਸਮਾਈਐ ਗੁਰਮੁਖਿ ਨਿਜ ਪਦੁ ਪਾਈਐ॥੪॥੬॥		Guramukh Naanak Sach Samaaeeai Guramukh Nij Padh Paaeeai ||4||6||	The Gurmukh, O Nanak, merges in the True One; the Gurmukh attains the exalted state of the self. ||4||6||	ਹੇ ਨਾਨਕ! ਗੁਰੂ ਦੀ ਸਰਨ ਪਿਆਂ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਜਾਈਦਾ ਹੈ, ਗੁਰੂ ਦੀ ਰਾਹੀਂ ਉੱਚਾ ਆਤਮਕ ਦਰਜਾ ਮਿਲ ਜਾਂਦਾ ਹੈ ਜੋ ਸਦਾ ਹੀ ਆਪਣਾ ਬਣਿਆ ਰਹਿੰਦਾ ਹੈ (ਅਟੱਲ ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ) ॥੪॥੬॥
56793	1329	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	
56794	1329	ਗੁਰ ਪਰਸਾਦੀ ਵਿਦਿਆ ਵੀਚਾਰੈ ਪੜਿ ਪੜਿ ਪਾਵੈ ਮਾਨੁ॥	ਵਿੱਦਿਆ	Gur Parasaadhee Vidhiaa Veechaarai Parr Parr Paavai Maan ||	By Guru's Grace, contemplate spiritual knowledge; read it and study it, and you shall be honored.	ਜੇਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਦਾ ਨਾਮ ਸਿਮਰਨ ਦੀ) ਵਿੱਦਿਆ ਵਿਚਾਰਦਾ ਹੈ (ਸਿੱਖਦਾ ਹੈ) ਉਹ ਇਸ ਵਿੱਦਿਆ ਨੂੰ ਪੜ੍ਹ ਪੜ੍ਹ ਕੇ (ਜਗਤ ਵਿਚ) ਆਦਰ ਹਾਸਲ ਕਰਦਾ ਹੈ,

56795	1329	ਆਪਾ ਮਧੇ ਆਪੁ ਪਰਗਾਸਿਆ ਪਾਇਆ ਅੰਮ੍ਰਿਤੁ ਨਾਮੁ॥੧॥	ਮਧੇ: ਪੋਲਾ ਬੋਲੋ। ਪਰ-ਗਾਸਿਆ	Aapaa Madhhae Aap Paragaasiaa Paaeiaa Anmrith Naam ||1||	Within the self, the self is revealed, when one is blessed with the Ambrosial Naam, the Name of the Lord. ||1||	ਉਸ ਦੇ ਅੰਦਰ ਹੀ ਉਸ ਦਾ ਆਪਣਾ ਆਪ ਚਮਕ ਪੈਂਦਾ ਹੈ (ਉਸ ਦਾ ਆਤਮਕ ਜੀਵਨ ਰੌਸ਼ਨ ਹੋ ਜਾਂਦਾ ਹੈ, ਉਸ ਦੇ ਮਨ ਵਿਚੋਂ ਅਗਿਆਨਤਾ ਦਾ ਹਨੇਰਾ ਦੂਰ ਹੋ ਜਾਂਦਾ ਹੈ), ਉਸ ਮਨੁੱਖ ਨੂੰ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਮਿਲ ਜਾਂਦਾ ਹੈ ॥੧॥
56796	1329	ਕਰਤਾ ਤੂ ਮੇਰਾ ਜਜਮਾਨੁ॥		Karathaa Thoo Maeraa Jajamaan ||	O Creator Lord, You alone are my Benefactor.	ਹੇ ਕਰਤਾਰ! ਤੂੰ ਮੇਰਾ ਦਾਤਾ ਹੈਂ।
56797	1329	ਇਕ ਦਖਿਣਾ ਹਉ ਤੈ ਪਹਿ ਮਾਗਉ ਦੇਹਿ ਆਪਣਾ ਨਾਮੁ॥੧॥ਰਹਾਉ॥	ਦੱਖਿਣਾ	Eik Dhakhinaa Ho Thai Pehi Maago Dhaehi Aapanaa Naam ||1|| Rehaao ||	I beg for only one blessing from You: please bless me with Your Name. ||1||Pause||	ਮੈਂ ਤੇਰੇ ਪਾਸੋਂ ਇਕ ਦਾਨ ਮੰਗਦਾ ਹਾਂ। ਮੈਨੂੰ ਆਪਣਾ ਨਾਮ ਬਖ਼ਸ਼ ॥੧॥ ਰਹਾਉ ॥
56798	1329	ਪੰਚ ਤਸਕਰ ਧਾਵਤ ਰਾਖੇ ਚੂਕਾ ਮਨਿ ਅਭਿਮਾਨੁ॥		Panch Thasakar Dhhaavath Raakhae Chookaa Man Abhimaan ||	The five wandering thieves are captured and held, and the egotistical pride of the mind is subdued.	(ਇਸ ਨਾਮ ਸਿਮਰਨ ਦੀ ਬਰਕਤ ਨਾਲ ਵਿਕਾਰਾਂ ਵਲ) ਦੌੜਦੇ ਪੰਜੇ ਗਿਆਨ-ਇੰਦ੍ਰੇ ਰੋਕ ਲਈਦੇ ਹਨ, ਮਨ ਵਿਚ (ਟਿਕਿਆ ਹੋਇਆ) ਅਹੰਕਾਰ ਦੂਰ ਹੋ ਜਾਂਦਾ ਹੈ।

56799	1329	ਦਿਸਟਿ ਬਿਕਾਰੀ ਦੁਰਮਤਿ ਭਾਗੀ ਐਸਾ ਬ੍ਰਹਮਗਿਆਨੁ॥੨॥		Dhisatt Bikaaree Dhuramath Bhaagee Aisaa Breham Giaan ||2||	Visions of corruption, vice and evil-mindedness run away. Such is the spiritual wisdom of God. ||2||	(ਸਿਮਰਨ ਦੀ ਰਾਹੀਂ) ਪਰਮਾਤਮਾ ਨਾਲ ਪਾਈ ਹੋਈ ਡੂੰਘੀ ਸਾਂਝ ਐਸੀ (ਬਰਕਤਿ ਵਾਲੀ ਹੈ ਜਿਸ ਦਾ ਸਦਕਾ) ਵਿਕਾਰਾਂ ਵਾਲੀ ਨਿਗਾਹ ਤੇ ਖੋਟੀ ਮੱਤ ਮੁੱਕ ਜਾਂਦੀ ਹੈ ॥੨॥
56800	1329	ਜਤੁ ਸਤੁ ਚਾਵਲ ਦਇਆ ਕਣਕ ਕਰਿ ਪ੍ਰਾਪਤਿ ਪਾਤੀ ਧਾਨੁ॥	(ਪੱਤੀ) ਪੱਤਲਾਂ। ਧਾਨੁ ਅੰਨ	Jath Sath Chaaval Dhaeiaa Kanak Kar Praapath Paathee Dhhaan ||	Please bless me with the rice of truth and self-restraint, the wheat of compassion, and the leaf-plate of meditation.	(ਬ੍ਰਾਹਮਣ ਆਪਣੇ ਜਜਮਾਨ ਪਾਸੋਂ ਚਾਵਲ, ਕਣਕ, ਧਨ, ਦੁੱਧ, ਘਿਉ ਆਦਿਕ ਸਾਰੇ ਪਦਾਰਥ ਮੰਗਦਾ ਤੇ ਲੈਂਦਾ ਹੈ ਹੇ ਪ੍ਰਭੂ! ਤੂੰ ਮੇਰਾ ਜਜਮਾਨ ਹੈ, ਮੈਂ ਤੇਰੇ ਨਾਮ ਦਾ ਜੱਗ ਰਚਾਇਆ ਹੋਇਆ ਹੈ,) ਮੈਂ ਤੈਥੋਂ ਇਹੋ ਜਿਹਾ ਦਾਨ ਮੰਗਦਾ ਹਾਂ ਕਿ ਮੈਨੂੰ ਚਾਵਲਾਂ ਦੇ ਥਾਂ ਜਤ ਸਤ ਦੇਹ (ਮੈਨੂੰ ਸੱਚਾ ਆਚਰਨ ਦੇਹ ਕਿ ਮੈਂ ਗਿਆਨ-ਇੰਦ੍ਰਿਆਂ ਨੂੰ ਮੰਦੇ ਪਾਸੇ ਵਲੋਂ ਰੋਕ ਸਕਾਂ), ਕਣਕ ਦੇ ਥਾਂ ਮੇਰੇ ਹਿਰਦੇ ਵਿਚ ਦਇਆ ਪੈਦਾ ਕਰ, ਮੈਨੂੰ ਇਹ ਧਨ ਦੇਹ ਕਿ ਮੈਂ ਤੇਰੇ ਚਰਨਾਂ ਵਿਚ ਜੁੜਨ ਦੀ ਯੋਗਤਾ ਵਾਲਾ ਹੋ ਜਾਵਾਂ।

56801	1329	ਦੂਧੁ ਕਰਮੁ ਸੰਤੋਖੁ ਘੀਉ ਕਰਿ ਐਸਾ ਮਾਂਗਉ ਦਾਨੁ॥੩॥		Dhoodhh Karam Santhokh Gheeo Kar Aisaa Maango Dhaan ||3||	Bless me with the milk of good karma, and the clarified butter, the ghee, of compassion. Such are the gifts I beg of You, Lord. ||3||	ਮੈਨੂੰ ਸ਼ੁਭ ਕਰਮ (ਕਰਨ ਦੀ ਸਮਰੱਥਾ) ਬਖ਼ਸ਼, ਸੰਤੋਖ ਬਖ਼ਸ਼, ਇਹ ਹਨ ਮੇਰੇ ਵਾਸਤੇ ਦੁੱਧ ਤੇ ਘਿਉ ॥੩॥
56802	1329	ਖਿਮਾ ਧੀਰਜੁ ਕਰਿ ਗਊ ਲਵੇਰੀ ਸਹਜੇ ਬਛਰਾ ਖੀਰੁ ਪੀਐ॥		Khimaa Dhheeraj Kar Goo Lavaeree Sehajae Bashharaa Kheer Peeai ||	Let forgiveness and patience be my milk-cows, and let the calf of my mind intuitively drink in this milk.	(ਹੇ ਪ੍ਰਭੂ! ਮੇਰੇ ਅੰਦਰ) ਦੂਜਿਆਂ ਦੀ ਵਧੀਕੀ ਸਹਾਰਨ ਦਾ ਸੁਭਾਵ ਤੇ ਜਿਗਰਾ ਪੈਦਾ ਕਰ, ਇਹ ਹੈ ਮੇਰੇ ਲਈ ਲਵੇਰੀ ਗਾਂ, ਤਾਕਿ ਮੇਰਾ ਮਨ-ਵੱਛਾ ਸ਼ਾਂਤ ਅਵਸਥਾ ਵਿਚ ਟਿਕ ਕੇ (ਇਹ ਸ਼ਾਂਤੀ ਦਾ) ਦੁੱਧ ਪੀ ਸਕੇ।
56803	1329	ਸਿਫਤਿ ਸਰਮ ਕਾ ਕਪੜਾ ਮਾਂਗਉ ਹਰਿ ਗੁਣ ਨਾਨਕ ਰਵਤੁ ਰਹੈ॥੪॥੭॥		Sifath Saram Kaa Kaparraa Maango Har Gun Naanak Ravath Rehai ||4||7||	I beg for the clothes of modesty and the Lord's Praise; Nanak chants the Glorious Praises of the Lord. ||4||7||	ਮੈਂ ਤੈਥੋਂ ਤੇਰੀ ਸਿਫ਼ਤ-ਸਾਲਾਹ ਕਰਨ ਦੇ ਉੱਦਮ ਦਾ ਕੱਪੜਾ ਮੰਗਦਾ ਹਾਂ, ਤਾਕਿ ਹੇ ਨਾਨਕ! ਮੇਰਾ ਮਨ ਸਦਾ ਤੇਰੇ ਗੁਣ ਗਾਂਦਾ ਰਹੇ ॥੪॥੭॥
56804	1329	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	

56805	1329	ਆਵਤੁ ਕਿਨੈ ਨ ਰਾਖਿਆ ਜਾਵਤੁ ਕਿਉ ਰਾਖਿਆ ਜਾਇ॥		Aavath Kinai N Raakhiaa Jaavath Kio Raakhiaa Jaae ||	No one can hold anyone back from coming; how could anyone hold anyone back from going?	ਪ੍ਰਭੂ ਦੀ ਰਜ਼ਾ ਅਨੁਸਾਰ ਜੇਹੜਾ ਜੀਵ ਜਗਤ ਵਿਚ ਜੰਮਦਾ ਹੈ ਉਸ ਨੂੰ ਜੰਮਣੋਂ ਕੋਈ ਰੋਕ ਨਹੀਂ ਸਕਦਾ, ਜੇਹੜਾ (ਮਰ ਕੇ ਇਥੋਂ) ਜਾਣ ਲਗਦਾ ਹੈ ਉਸ ਨੂੰ ਕੋਈ ਇਥੇ ਰੋਕ ਕੇ ਨਹੀਂ ਰੱਖ ਸਕਦਾ।
56806	1329	ਜਿਸ ਤੇ ਹੋਆ ਸੋਈ ਪਰੁ ਜਾਣੈ ਜਾਂ ਉਸ ਹੀ ਮਾਹਿ ਸਮਾਇ॥੧॥		Jis Thae Hoaa Soee Par Jaanai Jaan Ous Hee Maahi Samaae ||1||	He alone thoroughly understands this, from whom all beings come; all are merged and immersed in Him. ||1||	ਜਿਸ ਪਰਮਾਤਮਾ ਤੋਂ ਜਗਤ ਪੈਦਾ ਹੁੰਦਾ ਹੈ, ਉਸੇ ਵਿਚ ਹੀ ਇਹ ਲੀਨ ਹੋ ਜਾਂਦਾ ਹੈ (ਇਸ ਜਗਤ-ਰਚਨਾ ਦੇ ਭੇਤ ਨੂੰ) ਉਹ ਪਰਮਾਤਮਾ ਹੀ ਠੀਕ ਤਰ੍ਹਾਂ ਜਾਣਦਾ ਹੈ (ਜੀਵ ਨੂੰ ਇਹ ਗੱਲ ਨਹੀਂ ਸੋਭਦੀ ਕਿ ਜਗਤ ਨੂੰ ਮਾੜਾ ਆਖ ਕੇ ਇਸ ਤੋਂ ਨਫ਼ਰਤ ਕਰ ਕੇ ਪਰੇ ਹਟੇ) ॥੧॥
56807	1329	ਤੂਹੈ ਹੈ ਵਾਹੁ ਤੇਰੀ ਰਜਾਇ॥		Thoohai Hai Vaahu Thaeree Rajaae ||	Waaho! - You are Great, and Wondrous is Your Will.	ਹੇ ਪ੍ਰਭੂ! (ਇਸ ਜਗਤ ਦਾ ਰਚਨਹਾਰ) ਤੂੰ ਆਪ ਹੀ ਹੈਂ (ਤੂੰ ਆਪ ਹੀ ਇਸ ਨੂੰ ਆਪਣੀ ਰਜ਼ਾ ਅਨੁਸਾਰ ਪੈਦਾ ਕੀਤਾ ਹੈ) ਤੇਰੀ ਰਜ਼ਾ ਭੀ ਅਚਰਜ ਹੈ (ਭਾਵ, ਜੀਵਾਂ ਦੀ ਸਮਝ ਤੋਂ ਪਰੇ ਹੈ)।

56808	1329	ਜੋ ਕਿਛੁ ਕਰਹਿ ਸੋਈ ਪਰੁ ਹੋਇਬਾ ਅਵਰੁ ਨ ਕਰਣਾ ਜਾਇ॥੧॥ਰਹਾਉ॥		Jo Kishh Karehi Soee Par Hoeibaa Avar N Karanaa Jaae ||1|| Rehaao ||	Whatever You do, surely comes to pass. Nothing else can happen. ||1||Pause||	ਹੇ ਪ੍ਰਭੂ! ਜੋ ਕੁਝ ਤੂੰ ਕਰਦਾ ਹੈਂ, ਜ਼ਰੂਰ ਉਹੀ ਕੁਝ ਵਾਪਰਦਾ ਹੈ, ਤੇਰੀ ਰਜ਼ਾ ਦੇ ਉਲਟ (ਕਿਸੇ ਜੀਵ ਪਾਸੋਂ) ਕੁਝ ਨਹੀਂ ਕੀਤਾ ਜਾ ਸਕਦਾ (ਜੀਵ ਦਾ ਇਹ ਅੰਞਾਣਪੁਣਾ ਹੈ ਕਿ ਤੇਰੇ ਰਚੇ ਜਗਤ ਤੋਂ ਨਫ਼ਰਤ ਕਰੇ, ਤੇ ਗ੍ਰਿਹਸਤ ਛੱਡ ਕੇ ਫ਼ਕੀਰ ਜਾ ਬਣੇ) ॥੧॥ ਰਹਾਉ ॥
56809	1329	ਜੈਸੇ ਹਰਹਟ ਕੀ ਮਾਲਾ ਟਿੰਡ ਲਗਤ ਹੈ ਇਕ ਸਖਨੀ ਹੋਰ ਫੇਰ ਭਰੀਅਤ ਹੈ॥	ਮਾਲਾ: ਪੋਲਾ ਬੋਲੋ। ਸੱਖਨੀ	Jaisae Harehatt Kee Maalaa Ttindd Lagath Hai Eik Sakhanee Hor Faer Bhareeath Hai ||	The buckets on the chain of the Persian wheel rotate; one empties out to fill another.	ਜਿਵੇਂ ਵਗਦੇ ਖੂਹ ਦੀ ਮਾਹਲ ਨਾਲ ਟਿੰਡਾਂ ਬੱਧੀਆਂ ਹੁੰਦੀਆਂ ਹਨ (ਜਿਉਂ ਜਿਉਂ ਖੂਹ ਚੱਲਦਾ ਹੈ, ਤਿਉਂ ਤਿਉਂ) ਕੁਝ ਟਿੰਡਾਂ ਖ਼ਾਲੀ ਹੁੰਦੀਆਂ ਜਾਂਦੀਆਂ ਹਨ ਤੇ ਕੁਝ (ਟਿੰਡਾਂ ਖੂਹ ਦੇ ਪਾਣੀ ਨਾਲ) ਮੁੜ ਭਰਦੀਆਂ ਜਾਂਦੀਆਂ ਹਨ।
56810	1329	ਤੈਸੋ ਹੀ ਇਹੁ ਖੇਲੁ ਖਸਮ ਕਾ ਜਿਉ ਉਸ ਕੀ ਵਡਿਆਈ॥੨॥		Thaiso Hee Eihu Khael Khasam Kaa Jio Ous Kee Vaddiaaee ||2||	This is just like the Play of our Lord and Master; such is His Glorious Greatness. ||2||	ਇਸੇ ਤਰ੍ਹਾਂ ਦਾ ਹੀ ਜਗਤ-ਰਚਨਾ ਦਾ ਇਹ ਤਮਾਸ਼ਾ ਹੈ ਜੋ ਖਸਮ-ਪ੍ਰਭੂ ਨੇ ਰਚਿਆ ਹੋਇਆ ਹੈ (ਕੁਝ ਇਥੋਂ ਕੂਚ ਕਰ ਕੇ ਥਾਂ ਖ਼ਾਲੀ ਕਰ ਜਾਂਦੇ ਹਨ, ਤੇ ਕੁਝ ਸਰੀਰ ਧਾਰ ਕੇ ਥਾਂ ਆ ਮੱਲਦੇ ਹਨ)। ਜਿਵੇਂ ਪਰਮਾਤਮਾ ਦੀ ਰਜ਼ਾ ਹੈ ਤਿਵੇਂ ਇਹ ਤਮਾਸ਼ਾ ਹੋ ਰਿਹਾ ਹੈ (ਇਸ ਤੋਂ ਨੱਕ ਵੱਟਣਾ ਫਬਦਾ ਨਹੀਂ) ॥੨॥

56811	1329	ਸੁਰਤੀ ਕੈ ਮਾਰਗਿ ਚਲਿ ਕੈ ਉਲਟੀ ਨਦਰਿ ਪ੍ਰਗਾਸੀ॥		Surathee Kai Maarag Chal Kai Oulattee Nadhar Pragaasee ||	Following the path of intuitive awareness, one turns away from the world, and one's vision is enlightened.	(ਪਰ ਹਾਂ) ਉਸ ਮਨੁੱਖ ਦੀ ਨਿਗਾਹ ਵਿਚ ਚਾਨਣ ਹੋਇਆ ਹੈ (ਭਾਵ, ਉਸ ਮਨੁੱਖ ਨੂੰ ਜੀਵਨ-ਜੁਗਤਿ ਦੀ ਸਹੀ ਸਮਝ ਪਈ ਹੈ) ਜਿਸ ਨੇ (ਜਗਤ ਦੇ ਰਚਨਹਾਰ) ਕਰਤਾਰ ਦੇ ਚਰਨਾਂ ਵਿਚ ਸੁਰਤ ਜੋੜਨ ਦੇ ਰਸਤੇ ਤੇ ਤੁਰ ਕੇ ਆਪਣੀ ਸੁਰਤ ਮਾਇਆ ਦੇ ਮੋਹ ਵਲੋਂ ਹਟਾਈ ਹੈ।
56812	1329	ਮਨਿ ਵੀਚਾਰਿ ਦੇਖੁ ਬ੍ਰਹਮਗਿਆਨੀ ਕਉਨੁ ਗਿਰਹੀ ਕਉਨੁ ਉਦਾਸੀ॥੩॥		Man Veechaar Dhaekh Breham Giaanee Koun Girehee Koun Oudhaasee ||3||	Contemplate this in your mind, and see, O spiritual teacher. Who is the householder, and who is the renunciate? ||3||	ਹੇ ਪਰਮਾਤਮਾ ਨਾਲ ਸਾਂਝ ਪਾਣ ਦਾ ਜਤਨ ਕਰਨ ਵਾਲੇ! ਆਪਣੇ ਮਨ ਵਿਚ ਸੋਚ ਕੇ (ਅੱਖਾਂ ਖੋਲ੍ਹ ਕੇ) ਵੇਖ (ਜੇ ਸੁਰਤ ਟਿਕਾਣੇ ਤੇ ਨਹੀਂ ਹੈ; ਤਾਂ) ਨਾਹ ਹੀ ਗ੍ਰਿਹਸਤੀ ਜੀਵਨ-ਸਫ਼ਰ ਵਿਚ ਠੀਕ ਰਾਹੇ ਤੁਰ ਰਿਹਾ ਹੈ ਤੇ ਨਾਹ ਹੀ (ਉਹ ਮਨੁੱਖ ਜੋ ਆਪਣੇ ਆਪ ਨੂੰ) ਵਿਰਕਤ (ਸਮਝਦਾ ਹੈ) ॥੩॥

56813	1329	ਜਿਸ ਕੀ ਆਸਾ ਤਿਸ ਹੀ ਸਉਪਿ ਕੈ ਏਹੁ ਰਹਿਆ ਨਿਰਬਾਣੁ॥		Jis Kee Aasaa This Hee Soup Kai Eaehu Rehiaa Nirabaan ||	Hope comes from the Lord; surrendering to Him, we remain in the state of nirvaanaa.	ਜਿਸ ਪਰਮਾਤਮਾ ਨੇ ਦੁਨੀਆ ਵਾਲੀ ਮੋਹ ਮਾਇਆ ਦੀ ਆਸਾ ਮਨੁੱਖ ਨੂੰ ਚੰਬੋੜ ਦਿੱਤੀ ਹੈ, ਜੋ ਮਨੁੱਖ ਉਸੇ ਪਰਮਾਤਮਾ ਦੇ (ਇਹ ਆਸਾ ਤ੍ਰਿਸ਼ਨਾ) ਹਵਾਲੇ ਕਰਦਾ ਹੈ, ਤੇ ਵਾਸਨਾ-ਰਹਿਤ ਹੋ ਕੇ ਜੀਵਨ ਗੁਜ਼ਾਰਦਾ ਹੈ,
56814	1329	ਜਿਸ ਤੇ ਹੋਆ ਸੋਈ ਕਰਿ ਮਾਨਿਆ ਨਾਨਕ ਗਿਰਹੀ ਉਦਾਸੀ ਸੋ ਪਰਵਾਣੁ॥੪॥੮॥		Jis Thae Hoaa Soee Kar Maaniaa Naanak Girehee Oudhaasee So Paravaan ||4||8||	We come from Him; surrendering to Him, O Nanak, one is approved as a householder, and a renunciate. ||4||8||	ਤੇ ਇਸ ਪਰਮਾਤਮਾ ਦੀ ਰਜ਼ਾ ਵਿਚ ਇਹ ਜਗਤ-ਰਚਨਾ ਹੋਈ ਹੈ ਉਸ ਨੂੰ ਰਜ਼ਾ ਦਾ ਮਾਲਕ ਜਾਣ ਕੇ ਉਸ ਵਿਚ ਆਪਣਾ ਮਨ ਜੋੜਦਾ ਹੈ, ਹੇ ਨਾਨਕ! ਉਹ ਚਾਹੇ ਗ੍ਰਿਹਸਤੀ ਹੈ ਚਾਹੇ ਵਿਰਕਤ, ਉਹ ਪਰਮਾਤਮਾ ਦੀ ਦਰਗਾਹ ਵਿਚ ਕਬੂਲ ਹੈ ॥੪॥੮॥
56815	1329	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	
56816	1329	ਦਿਸਟਿ ਬਿਕਾਰੀ ਬੰਧਨਿ ਬਾਂਧੈ ਹਉ ਤਿਸ ਕੈ ਬਲਿ ਜਾਈ॥		Dhisatt Bikaaree Bandhhan Baandhhai Ho This Kai Bal Jaaee ||	I am a sacrifice to that one who binds in bondage his evil and corrupted gaze.	ਮੈਂ ਉਸ ਬੰਦੇ ਤੋਂ ਕੁਰਬਾਨ ਜਾਂਦਾ ਹਾਂ ਜੇਹੜਾ (ਆਪਣੀ) ਵਿਕਾਰਾਂ ਵਲ ਜਾਂਦੀ ਸੁਰਤ ਨੂੰ (ਹਰਿ-ਨਾਮ ਸਿਮਰਨ ਦੀ) ਡੋਰੀ ਲਾਲ ਬੰਨ੍ਹ ਰੱਖਦਾ ਹੈ।

56817	1329	ਪਾਪ ਪੁੰਨ ਕੀ ਸਾਰ ਨ ਜਾਣੈ ਭੂਲਾ ਫਿਰੈ ਅਜਾਈ॥੧॥		Paap Punn Kee Saar N Jaanai Bhoolaa Firai Ajaaee ||1||	One who does not know the difference between vice and virtue wanders around uselessly. ||1||	(ਪਰ ਜੇਹੜਾ ਮਨੁੱਖ ਸਿਮਰਨ ਤੋਂ ਖੁੰਝ ਕੇ) ਭਲੇ ਬੁਰੇ ਕੰਮ ਦੇ ਭੇਤ ਨੂੰ ਨਹੀਂ ਸਮਝਦਾ, ਉਹ (ਜੀਵਨ ਦੇ ਸਹੀ ਰਸਤੇ ਤੋਂ) ਖੁੰਝਿਆ ਫਿਰਦਾ ਹੈ ਤੇ (ਜੀਵਨ) ਵਿਅਰਥ ਗਵਾਂਦਾ ਹੈ ॥੧॥
56818	1329	ਬੋਲਹੁ ਸਚੁ ਨਾਮੁ ਕਰਤਾਰ॥		Bolahu Sach Naam Karathaar ||	Speak the True Name of the Creator Lord.	ਕਰਤਾਰ ਦਾ ਸਦਾ ਕਾਇਮ ਰਹਿਣ ਵਾਲਾ ਨਾਮ (ਸਦਾ) ਸਿਮਰੋ।
56819	1329	ਫੁਨਿ ਬਹੁੜਿ ਨ ਆਵਣ ਵਾਰ॥੧॥ਰਹਾਉ॥		Fun Bahurr N Aavan Vaar ||1|| Rehaao ||	Then, you shall never again have to come into this world. ||1||Pause||	(ਨਾਮ ਸਿਮਰਨ ਦੀ ਬਰਕਤਿ ਨਾਲ ਜਗਤ ਵਿਚ) ਮੁੜ ਮੁੜ ਜਨਮ ਲੈਣ ਦੀ ਵਾਰੀ ਨਹੀਂ ਆਵੇਗੀ ॥੧॥ ਰਹਾਉ ॥
56820	1329	ਊਚਾ ਤੇ ਫੁਨਿ ਨੀਚੁ ਕਰਤੁ ਹੈ ਨੀਚ ਕਰੈ ਸੁਲਤਾਨੁ॥		Oochaa Thae Fun Neech Karath Hai Neech Karai Sulathaan ||	The Creator transforms the high into the low, and makes the lowly into kings.	(ਉਸ ਕਰਤਾਰ ਦਾ ਨਾਮ ਸਦਾ ਸਿਮਰੋ) ਜੋ ਉੱਚਿਆਂ ਤੋਂ ਨੀਵੇਂ ਕਰ ਦੇਂਦਾ ਹੈ ਤੇ ਨੀਵਿਆਂ (ਗਰੀਬਾਂ) ਨੂੰ ਬਾਦਸ਼ਾਹ ਬਣਾ ਦੇਂਦਾ ਹੈ।
56821	1329	ਜਿਨੀ ਜਾਣੁ ਸੁਜਾਣਿਆ ਜਗਿ ਤੇ ਪੂਰੇ ਪਰਵਾਣੁ॥੨॥	(ਸੁਜਾਣਿਆ) ਸ਼੍ਰੇਸ਼ਟ ਜਾਣੀ ਜਾਣ ਅੰਤਰਜਾਮੀ ਰਾਮ ਜੀ ਜਾਣੁ ਲਏ ਹਨ। (ਦੂਜਾ ਪਾਠ: ਸੁ ਜਾਣਿਆ)	Jinee Jaan Sujaaniaa Jag Thae Poorae Paravaan ||2||	Those who know the All-knowing Lord are approved and certified as perfect in this world. ||2||	ਜਿਨ੍ਹਾਂ ਬੰਦਿਆਂ ਨੇ ਉਸ (ਘਟ ਘਟ ਦੀ) ਜਾਣਨ ਵਾਲੇ ਪਰਮਾਤਮਾ ਨੂੰ ਚੰਗੀ ਤਰ੍ਹਾਂ ਜਾਣ ਲਿਆ ਹੈ (ਭਾਵ, ਉਸ ਨਾਲ ਡੂੰਘੀ ਸਾਂਝ ਪਾ ਲਈ ਹੈ) ਜਗਤ ਵਿਚ ਆਏ ਉਹੀ ਬੰਦੇ ਸਫਲ ਹਨ ਤੇ ਕਬੂਲ ਹਨ ॥੨॥

56822	1329	ਤਾ ਕਉ ਸਮਝਾਵਣ ਜਾਈਐ ਜੇ ਕੋ ਭੂਲਾ ਹੋਈ॥		Thaa Ko Samajhaavan Jaaeeai Jae Ko Bhoolaa Hoee ||	If anyone is mistaken and fooled, you should go to instruct him.	(ਪਰ ਜੀਵਾਂ ਦੇ ਕੀਹ ਵੱਸ?) ਉਸੇ ਜੀਵ ਨੂੰ ਮੱਤ ਦੇਣ ਦਾ ਜਤਨ ਕੀਤਾ ਜਾ ਸਕਦਾ ਹੈ ਜੇਹੜਾ (ਆਪ) ਕੁਰਾਹੇ ਪਿਆ ਹੋਵੇ,
56823	1330	ਆਪੇ ਖੇਲ ਕਰੇ ਸਭ ਕਰਤਾ ਐਸਾ ਬੂਝੈ ਕੋਈ॥੩॥		Aapae Khael Karae Sabh Karathaa Aisaa Boojhai Koee ||3||	The Creator Himself plays all the games; only a few understand this. ||3||	(ਇਥੇ ਤਾਂ ਰਾਹੇ ਪੈਣ ਜਾਂ ਕੁਰਾਹੇ ਪੈਣ ਵਾਲਾ) ਸਾਰਾ ਹੀ ਤਮਾਸ਼ਾ ਕਰਤਾਰ ਆਪ ਹੀ ਕਰ ਰਿਹਾ ਹੈ-ਇਹ ਭੇਤ ਭੀ ਕੋਈ ਵਿਰਲਾ ਬੰਦਾ ਹੀ ਸਮਝਦਾ ਹੈ। (ਤੇ ਉਹ ਰਜ਼ਾ ਦੇ ਮਾਲਕ ਕਰਤਾਰ ਦਾ ਨਾਮ ਸਿਮਰਦਾ ਹੈ) ॥੩॥
56824	1330	ਨਾਉ ਪ੍ਰਭਾਤੈ ਸਬਦਿ ਧਿਆਈਐ ਛੋਡਹੁ ਦੁਨੀ ਪਰੀਤਾ॥		Naao Prabhaathai Sabadh Dhhiaaeeai Shhoddahu Dhunee Pareethaa ||	Meditate on the Name, and the Word of the Shabad, in the early hours before dawn; leave your worldly entanglements behind.	ਅੰਮ੍ਰਿਤ ਵੇਲੇ ਹੀ (ਉੱਠ ਕੇ) ਗੁਰੂ ਦੇ ਸ਼ਬਦ ਵਿਚ ਜੁੜ ਕੇ ਕਰਤਾਰ ਦਾ ਨਾਮ ਸਿਮਰਨਾ ਚਾਹੀਦਾ ਹੈ, ਮਾਇਆ ਦਾ ਮੋਹ ਤਿਆਗੋ (ਇਹ ਮੋਹ ਹੀ ਕਰਤਾਰ ਦੀ ਯਾਦ ਭੁਲਾਂਦਾ ਹੈ)।

56825	1330	ਪ੍ਰਣਵਤਿ ਨਾਨਕ ਦਾਸਨਿ ਦਾਸਾ ਜਗਿ ਹਾਰਿਆ ਤਿਨਿ ਜੀਤਾ॥੪॥੯॥		Pranavath Naanak Dhaasan Dhaasaa Jag Haariaa Thin Jeethaa ||4||9||	Prays Nanak, the slave of God's slaves: the world loses, and he wins. ||4||9||	ਕਰਤਾਰ ਦੇ ਸੇਵਕਾਂ ਦਾ ਸੇਵਕ ਨਾਨਕ ਬੇਨਤੀ ਕਰਦਾ ਹੈ ਕਿ ਜੇਹੜਾ ਬੰਦਾ (ਮਾਇਆ ਦਾ ਮੋਹ ਤਿਆਗ ਕੇ) ਜਗਤ ਵਿਚ ਨਿਮ੍ਰਤਾ ਨਾਲ ਜ਼ਿੰਦਗੀ ਗੁਜ਼ਾਰਦਾ ਹੈ, ਉਸੇ ਨੇ ਹੀ (ਜੀਵਨ ਦੀ ਬਾਜ਼ੀ) ਜਿੱਤੀ ਹੈ ॥੪॥੯॥
56826	1330	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	
56827	1330	ਮਨੁ ਮਾਇਆ ਮਨੁ ਧਾਇਆ ਮਨੁ ਪੰਖੀ ਆਕਾਸਿ॥		Man Maaeiaa Man Dhhaaeiaa Man Pankhee Aakaas ||	The mind is Maya, the mind is a chaser; the mind is a bird flying across the sky.	(ਹੇ ਪ੍ਰਭੂ! ਤੇਰੇ ਨਾਮ-ਖ਼ਜ਼ਾਨੇ ਤੋਂ ਸੱਖਣਾ) ਮਨ (ਕਾਮਾਦਿਕ ਚੋਰਾਂ ਦੇ ਢਹੇ ਚੜ੍ਹ ਕੇ, ਸਦਾ) ਮਾਇਆ ਹੀ ਮਾਇਆ (ਲੋੜਦਾ ਹੈ), (ਮਾਇਆ ਦੇ ਪਿੱਛੇ ਹੀ) ਦੌੜਦਾ ਹੈ, ਮਨ (ਮਾਇਆ ਦੀ ਖ਼ਾਤਰ ਹੀ ਉਡਾਰੀਆਂ ਲਾਂਦਾ ਰਹਿੰਦਾ ਹੈ ਜਿਵੇਂ) ਪੰਛੀ ਆਕਾਸ਼ ਵਿਚ (ਉਡਾਰੀਆਂ ਲਾਂਦਾ ਹੈ, ਤੇ ਸਰੀਰ-ਨਗਰ ਸੁੰਞਾ ਪਿਆ ਰਹਿੰਦਾ ਹੈ, ਕਾਮਾਦਿਕ ਚੋਰ ਸ਼ੁਭ ਗੁਣਾਂ ਦੀ ਰਾਸਿ-ਪੂੰਜੀ ਲੁੱਟਦੇ ਰਹਿੰਦੇ ਹਨ)।

56828	1330	ਤਸਕਰ ਸਬਦਿ ਨਿਵਾਰਿਆ ਨਗਰੁ ਵੁਠਾ ਸਾਬਾਸਿ॥	ਵੁੱਠਾ	Thasakar Sabadh Nivaariaa Nagar Vuthaa Saabaas ||	The thieves are overpowered by the Shabad, and then the body-village prospers and celebrates.	ਜਦੋਂ ਗੁਰੂ ਦੇ ਸ਼ਬਦ ਦੀ ਰਾਹੀਂ ਇਹ ਚੋਰ (ਸਰੀਰ-ਨਗਰ ਵਿਚੋਂ) ਕੱਢ ਦੇਈਦੇ ਹਨ, ਤਾਂ (ਸਰੀਰ-) ਨਗਰ ਵੱਸ ਪੈਂਦਾ ਹੈ (ਭਾਵ, ਮਨ ਬਾਹਰ ਮਾਇਆ ਦੇ ਪਿੱਛੇ ਭਟਕਣੋਂ ਹਟ ਕੇ ਅੰਦਰ ਟਿਕ ਜਾਂਦਾ ਹੈ, ਤੇ ਇਸ ਨੂੰ) ਸੋਭਾ-ਵਡਿਆਈ ਮਿਲਦੀ ਹੈ।
56829	1330	ਜਾ ਤੂ ਰਾਖਹਿ ਰਾਖਿ ਲੈਹਿ ਸਾਬਤੁ ਹੋਵੈ ਰਾਸਿ॥੧॥		Jaa Thoo Raakhehi Raakh Laihi Saabath Hovai Raas ||1||	Lord, when You save someone, he is saved; his capital is safe and sound. ||1||	(ਪਰ, ਹੇ ਪ੍ਰਭੂ!) ਜਦੋਂ ਤੂੰ ਆਪ (ਇਸ ਮਨ ਦੀ) ਰਾਖੀ ਕਰਦਾ ਹੈਂ, (ਜਦੋਂ ਤੂੰ ਆਪ ਇਸ ਨੂੰ ਕਾਮਾਦਿਕ ਚੋਰਾਂ ਤੋਂ) ਬਚਾਂਦਾ ਹੈਂ, ਤਦੋਂ (ਮਨੁੱਖਾ ਸਰੀਰ ਦੀ ਸ਼ੁਭ ਗੁਣਾਂ ਦੀ) ਰਾਸਿ-ਮੂੜੀ, ਸਹੀ ਸਲਾਮਤ ਬਚੀ ਰਹਿੰਦੀ ਹੈ ॥੧॥
56830	1330	ਐਸਾ ਨਾਮੁ ਰਤਨੁ ਨਿਧਿ ਮੇਰੈ॥		Aisaa Naam Rathan Nidhh Maerai ||	Such is my Treasure, the Jewel of the Naam;	ਹੇ ਪ੍ਰਭੂ! ਤੇਰਾ ਨਾਮ ਸ੍ਰੇਸ਼ਟ ਰਤਨ ਹੈ।
56831	1330	ਗੁਰਮਤਿ ਦੇਹਿ ਲਗਉ ਪਗਿ ਤੇਰੈ॥੧॥ਰਹਾਉ॥	ਪਗਿ: ਪੋਲਾ ਬੋਲੋ	Guramath Dhaehi Lago Pag Thaerai ||1|| Rehaao ||	Please bless me with the Guru's Teachings, so that I may fall at Your Feet. ||1||Pause||	ਗੁਰੂ ਦੀ ਮੱਤ ਦੀ ਰਾਹੀਂ ਇਹ ਨਾਮ ਮੈਨੂੰ ਦੇਹ, ਮੈਂ ਤੇਰੀ ਸਰਨ ਆਇਆ ਹਾਂ। (ਮੇਹਰ ਕਰ ਤੇਰਾ ਇਹ ਨਾਮ) ਮੇਰੇ ਪਾਸ ਖ਼ਜ਼ਾਨਾ ਬਣ ਜਾਏ ॥੧॥ ਰਹਾਉ ॥

56832	1330	ਮਨੁ ਜੋਗੀ ਮਨੁ ਭੋਗੀਆ ਮਨੁ ਮੂਰਖੁ ਗਾਵਾਰੁ॥		Man Jogee Man Bhogeeaa Man Moorakh Gaavaar ||	The mind is a Yogi, the mind is a pleasure-seeker; the mind is foolish and ignorant.	(ਜਿਤਨਾ ਚਿਰ ਮਨ ਦੇ ਸਿਰ ਉਤੇ ਗੁਰੂ ਦਾ ਕਰਤਾਰ ਦਾ ਕੁੰਡਾ ਨਾਹ ਹੋਵੇ ਤਦ ਤਕ) ਮਨ ਮੂਰਖ ਹੈ ਮਨ ਗੰਵਾਰ ਹੈ (ਆਪਣੇ ਮੂਰਖਪੁਣੇ ਵਿਚ ਕਦੇ ਇਹ) ਮਨ (ਮਾਇਆ ਤੋਂ ਨਫ਼ਰਤ ਕਰ ਕੇ) ਵਿਰਕਤ ਬਣ ਜਾਂਦਾ ਹੈ, ਕਦੇ ਮਨ ਦੁਨੀਆ ਦੇ ਭੋਗਾਂ ਵਿਚ ਰੁੱਝ ਜਾਂਦਾ ਹੈ।
56833	1330	ਮਨੁ ਦਾਤਾ ਮਨੁ ਮੰਗਤਾ ਮਨ ਸਿਰਿ ਗੁਰੁ ਕਰਤਾਰੁ॥		Man Dhaathaa Man Mangathaa Man Sir Gur Karathaar ||	The mind is the giver, the mind is the beggar; the mind is the Great Guru, the Creator.	(ਕਦੇ ਮਾਇਆ ਦੀ ਖ਼ੁਮਾਰੀ ਵਿਚ ਆਪਣੇ ਆਪ ਨੂੰ) ਦਾਨੀ ਸਮਝਦਾ ਹੈ (ਕਦੇ ਧਨ ਗਵਾਚਣ ਤੇ) ਕੰਗਾਲ ਬਣ ਜਾਂਦਾ ਹੈ। ਜਦੋਂ ਮਨ ਦੇ ਸਿਰ ਉਤੇ ਗੁਰੂ ਰਾਖਾ ਬਣਦਾ ਹੈ, ਕਰਤਾਰ ਹੱਥ ਰੱਖਦਾ ਹੈ,
56834	1330	ਪੰਚ ਮਾਰਿ ਸੁਖੁ ਪਾਇਆ ਐਸਾ ਬ੍ਰਹਮੁ ਵੀਚਾਰੁ॥੨॥		Panch Maar Sukh Paaeiaa Aisaa Breham Veechaar ||2||	The five thieves are conquered, and peace is attained; such is the contemplative wisdom of God. ||2||	ਤਦੋਂ ਇਹ ਸ੍ਰੇਸ਼ਟ ਰੱਬੀ ਸਿਫ਼ਤ-ਸਾਲਾਹ (ਦਾ ਖ਼ਜ਼ਾਨਾ ਲੱਭ ਪੈਂਦਾ ਹੈ, ਤੇ ਉਸਦੀ ਬਰਕਤਿ ਨਾਲ) ਕਾਮਾਦਿਕ ਪੰਜ ਚੋਰਾਂ ਨੂੰ ਮਾਰ ਕੇ ਆਤਮਕ ਆਨੰਦ ਮਾਣਦਾ ਹੈ ॥੨॥

56835	1330	ਘਟਿ ਘਟਿ ਏਕੁ ਵਖਾਣੀਐ ਕਹਉ ਨ ਦੇਖਿਆ ਜਾਇ॥	ਨ: ਦੇਲ੍ਹੀ ਦੀਵਾ ਹੈ, ਅਰਥ ਕਰਨ ਵੇਲੇ ਅੱਗੇ ਪਿੱਛੇ ਦੋਨੋਂ ਅੱਖਰਾਂ ਨਾਲ ਲਗ ਕੇ ਅਰਥ ਬਨਾਵੇਗਾ- ਕਹਉ ਨ, ਨ ਦੇਖਿਆ ਜਾਇ	Ghatt Ghatt Eaek Vakhaaneeai Keho N Dhaekhiaa Jaae ||	The One Lord is said to be in each and every heart, but no one can see Him.	ਹੇ ਪ੍ਰਭੂ! ਇਹ ਕਿਹਾ ਤਾਂ ਜਾਂਦਾ ਹੈ (ਭਾਵ, ਹਰੇਕ ਜੀਵ ਇਹ ਆਖਦਾ ਤਾਂ ਹੈ) ਕਿ ਤੂੰ ਹੀ ਹਰੇਕ ਸਰੀਰ ਵਿਚ ਮੌਜੂਦ ਹੈਂ, ਮੈਂ ਭੀ ਇਹ ਆਖਦਾ ਹਾਂ (ਪਰ ਨਿਰੇ ਆਖਣ ਨਾਲ ਹਰੇਕ ਵਿਚ) ਤੇਰਾ ਦਰਸਨ ਨਹੀਂ ਹੁੰਦਾ।
56836	1330	ਖੋਟੋ ਪੂਠੋ ਰਾਲੀਐ ਬਿਨੁ ਨਾਵੈ ਪਤਿ ਜਾਇ॥		Khotto Pootho Raaleeai Bin Naavai Path Jaae ||	The false are cast upside-down into the womb of reincarnation; without the Name, they lose their honor.	ਅੰਦਰੋਂ ਖੋਟਾ ਹੋਣ ਕਰਕੇ ਜੀਵ (ਚੌਰਾਸੀ ਦੀ ਗਰਭ ਜੋਨਿ ਵਿਚ) ਪੁੱਠਾ (ਲਟਕਾ ਕੇ) ਰੋਲੀਦਾ ਹੈ, ਤੇਰਾ ਨਾਮ ਸਿਮਰਨ ਤੋਂ ਬਿਨਾ ਇਸ ਦੀ ਇੱਜ਼ਤ-ਆਬਰੋ ਭੀ ਚਲੀ ਜਾਂਦੀ ਹੈ।
56837	1330	ਜਾ ਤੂ ਮੇਲਹਿ ਤਾ ਮਿਲਿ ਰਹਾਂ ਜਾਂ ਤੇਰੀ ਹੋਇ ਰਜਾਇ॥੩॥		Jaa Thoo Maelehi Thaa Mil Rehaan Jaan Thaeree Hoe Rajaae ||3||	Those whom You unite, remain united, if it is Your Will. ||3||	ਹੇ ਪ੍ਰਭੂ! ਜਦੋਂ ਤੂੰ ਆਪ ਮੈਨੂੰ ਆਪਣੇ ਚਰਨਾਂ ਵਿਚ ਜੋੜਦਾ ਹੈਂ, ਜਦੋਂ ਤੇਰੀ ਆਪਣੀ ਮੇਹਰ ਹੁੰਦੀ ਹੈ, ਤਦੋਂ ਹੀ ਮੈਂ ਤੇਰੀ ਯਾਦ ਵਿਚ ਜੁੜਿਆ ਰਹਿ ਸਕਦਾ ਹਾਂ ॥੩॥

56838	1330	ਜਾਤਿ ਜਨਮੁ ਨਹ ਪੂਛੀਐ ਸਚ ਘਰੁ ਲੇਹੁ ਬਤਾਇ॥		Jaath Janam Neh Pooshheeai Sach Ghar Laehu Bathaae ||	God does not ask about social class or birth; you must find your true home.	ਹੇ ਨਾਨਕ! (ਪ੍ਰਭੂ ਹਰੇਕ ਜੀਵ ਦੇ ਅੰਦਰ ਮੌਜੂਦ ਹੈ, ਪ੍ਰਭੂ ਹੀ ਹਰੇਕ ਦੀ ਜਾਤਿ ਪਾਤ ਹੈ। ਵਖੇਵਿਆਂ ਵਿਚ ਪੈ ਕੇ) ਇਹ ਨਹੀਂ ਪੁੱਛਣਾ ਚਾਹੀਦਾ ਕਿ (ਫਲਾਣੇ ਦੀ) ਜਾਤਿ ਕੇਹੜੀ ਹੈ ਕਿਸ ਕੁਲ ਵਿਚ ਉਸ ਦਾ ਜਨਮ ਹੋਇਆ। (ਪੁੱਛਣਾ ਹੈ ਤਾਂ) ਪੁੱਛੋ ਕਿ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਕਿਸ ਹਿਰਦੇ-ਘਰ ਵਿਚ ਪਰਗਟ ਹੋਇਆ ਹੈ।
56839	1330	ਸਾ ਜਾਤਿ ਸਾ ਪਤਿ ਹੈ ਜੇਹੇ ਕਰਮ ਕਮਾਇ॥		Saa Jaath Saa Path Hai Jaehae Karam Kamaae ||	That is your social class and that is your status - the karma of what you have done.	ਜਾਤਿ ਪਾਤਿ ਤਾਂ ਜੀਵ ਦੀ ਉਹੀ ਹੈ ਜਿਹੋ ਜਿਹੇ ਜੀਵ ਕਰਮ ਕਮਾਂਦਾ ਹੈ।
56840	1330	ਜਨਮ ਮਰਨ ਦੁਖੁ ਕਾਟੀਐ ਨਾਨਕ ਛੂਟਸਿ ਨਾਇ॥੪॥੧੦॥		Janam Maran Dhukh Kaatteeai Naanak Shhoottas Naae ||4||10||	The pains of death and rebirth are eradicated; O Nanak, salvation is in the Lord's Name. ||4||10||	ਜਨਮ ਮਰਨ (ਦੇ ਗੇੜ) ਦਾ ਦੁਖ ਤਦੋਂ ਹੀ ਦੂਰ ਹੁੰਦਾ ਹੈ ਜਦੋਂ ਜੀਵ ਪ੍ਰਭੂ ਦੇ ਨਾਮ ਵਿਚ ਜੁੜਦਾ ਹੈ। ਨਾਮ ਵਿਚ ਜੁੜਿਆਂ ਹੀ (ਕਾਮਾਦਿਕ ਪੰਜ ਚੋਰਾਂ ਤੋਂ) ਖ਼ਲਾਸੀ ਹੁੰਦੀ ਹੈ ॥੪॥੧੦॥
56841	1330	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	

56842	1330	ਜਾਗਤੁ ਬਿਗਸੈ ਮੂਠੋ ਅੰਧਾ॥		Jaagath Bigasai Mootho Andhhaa ||	He is awake, and even happy, but he is being plundered - he is blind!	ਜੀਵ ਆਪਣੇ ਵਲੋਂ ਸਿਆਣਾ ਹੈ, ਪਰ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਪਿਆ ਹੈ, ਲੁੱਟਿਆ ਜਾ ਰਿਹਾ ਹੈ (ਅਨੇਕਾਂ ਵਿਕਾਰ ਇਸ ਦੀ ਆਤਮਕ ਰਾਸਿ ਪੂੰਜੀ ਨੂੰ ਲੁੱਟ ਰਹੇ ਹਨ) ਪਰ ਇਹ ਖ਼ੁਸ਼ ਖ਼ੁਸ਼ ਫਿਰਦਾ ਹੈ।
56843	1330	ਗਲਿ ਫਾਹੀ ਸਿਰਿ ਮਾਰੇ ਧੰਧਾ॥		Gal Faahee Sir Maarae Dhhandhhaa ||	The noose is around his neck, and yet, his head is busy with worldly affairs.	ਇਸ ਦੇ ਗਲ ਵਿਚ ਮਾਇਆ ਦੇ ਮੋਹ ਦੀ ਫਾਹੀ ਪਈ ਹੋਈ ਹੈ (ਜੋ ਇਸ ਨੂੰ ਦੁਨੀਆ ਦੇ ਪਦਾਰਥਾਂ ਦੇ ਪਿੱਛੇ ਧੂਹੀ ਫਿਰਦਾ ਹੈ)। ਜਗਤ ਦੇ ਜੰਜਾਲਾਂ ਦਾ ਫ਼ਿਕਰ ਇਸ ਦੇ ਸਿਰ ਉਤੇ ਚੋਟਾਂ ਮਾਰਦਾ ਰਹਿੰਦਾ ਹੈ।
56844	1330	ਆਸਾ ਆਵੈ ਮਨਸਾ ਜਾਇ॥		Aasaa Aavai Manasaa Jaae ||	In hope, he comes and in desire, he leaves.	ਦੁਨੀਆ ਦੀਆਂ ਆਸਾਂ ਦਾ ਬੱਧਾ ਜਗਤ ਵਿਚ ਆਉਂਦਾ ਹੈ, ਮਨ ਦੇ ਅਨੇਕਾਂ ਫੁਰਨੇ ਲੈ ਕੇ ਇਥੋਂ ਤੁਰ ਪੈਂਦਾ ਹੈ।
56845	1330	ਉਰਝੀ ਤਾਣੀ ਕਿਛ ਨ ਬਸਾਇ॥੧॥		Ourajhee Thaanee Kishh N Basaae ||1||	The strings of his life are all tangled up; he is utterly helpless. ||1||	ਇਸ ਦੀ ਜ਼ਿੰਦਗੀ ਦੀ ਤਾਣੀ ਦੁਨੀਆ ਦੀਆਂ ਆਸਾਂ ਤੇ ਮਨ ਦੀਆਂ ਦੌੜਾਂ ਨਾਲ ਪਿਲਚੀ ਪਈ ਹੈ। (ਇਸ ਤਾਣੀ ਨੂੰ ਇਹਨਾਂ ਪੇਚਿਆਂ ਤੋਂ ਸਾਫ਼ ਰੱਖਣ ਵਾਸਤੇ) ਇਸ ਦੀ ਕੋਈ ਪੇਸ਼ ਨਹੀਂ ਜਾਂਦੀ ॥੧॥

56846	1330	ਜਾਗਸਿ ਜੀਵਣ ਜਾਗਣਹਾਰਾ॥		Jaagas Jeevan Jaaganehaaraa ||	The Lord of Awareness, the Lord of Life is awake and aware.	ਹੇ ਪ੍ਰਭੂ! ਤੂੰ ਸਾਰੇ ਜਗਤ ਦਾ ਜੀਵਨ ਹੈਂ; ਇਕ ਤੂੰ ਹੀ ਜਾਗਦਾ ਹੈਂ, ਸਿਰਫ਼ ਤੇਰੇ ਵਿਚ ਹੀ ਸਮਰੱਥਾ ਹੈ ਕਿ ਮਾਇਆ ਤੈਨੂੰ ਆਪਣੇ ਮੋਹ ਦੀ ਨੀਂਦ ਵਿਚ ਸੁਆ ਨਹੀਂ ਸਕਦੀ।
56847	1330	ਸੁਖਸਾਗਰ ਅੰਮ੍ਰਿਤ ਭੰਡਾਰਾ॥੧॥ਰਹਾਉ॥		Sukh Saagar Anmrith Bhanddaaraa ||1|| Rehaao ||	He is the Ocean of peace, the Treasure of Ambrosial Nectar. ||1||Pause||	ਹੇ ਸੁਖਾਂ ਦੇ ਸਮੁੰਦਰ ਪ੍ਰਭੂ! (ਤੇਰੇ ਘਰ ਵਿਚ) ਨਾਮ-ਅੰਮ੍ਰਿਤ ਦੇ ਭੰਡਾਰੇ ਭਰੇ ਪਏ ਹਨ (ਜੋ ਮਾਇਆ ਦੇ ਮੋਹ ਵਿਚ ਆਤਮਕ ਮੌਤੇ ਮਰੇ ਪਿਆਂ ਨੂੰ ਜ਼ਿੰਦਾ ਕਰ ਸਕਦਾ ਹੈ) ॥੧॥ ਰਹਾਉ ॥
56848	1330	ਕਹਿਓ ਨ ਬੂਝੈ ਅੰਧੁ ਨ ਸੂਝੈ ਭੋਂਡੀ ਕਾਰ ਕਮਾਈ॥		Kehiou N Boojhai Andhh N Soojhai Bhonaddee Kaar Kamaaee ||	He does not understand what he is told; he is blind - he does not see, and so he does his evil deeds.	(ਮਾਇਆ ਦੇ ਮੋਹ ਵਿਚ) ਜੀਵਨ ਇਤਨਾ ਅੰਨ੍ਹਾ ਹੋਇਆ ਪਿਆ ਹੈ ਕਿ ਕਿਸੇ ਆਖੀ ਹੋਈ ਸਿੱਖਿਆ ਨੂੰ ਇਹ ਸਮਝ ਨਹੀਂ ਸਕਦਾ, ਆਪਣੇ ਆਪ ਇਸ ਨੂੰ (ਆਤਮਕ ਜੀਵਨ ਬਚਾਣ ਦੀ ਕੋਈ ਗੱਲ) ਸੁੱਝਦੀ ਨਹੀਂ, ਨਿੱਤ ਮੰਦੇ ਕੰਮ ਹੀ ਕਰੀ ਜਾ ਰਿਹਾ ਹੈ।
56849	1330	ਆਪੇ ਪ੍ਰੀਤਿ ਪ੍ਰੇਮ ਪਰਮੇਸੁਰੁ ਕਰਮੀ ਮਿਲੈ ਵਡਾਈ॥੨॥		Aapae Preeth Praem Paramaesur Karamee Milai Vaddaaee ||2||	The Transcendent Lord Himself showers His Love and Affection; by His Grace, He bestows glorious greatness. ||2||	(ਪਰ ਜੀਵ ਦੇ ਵੱਸ ਦੀ ਗੱਲ ਨਹੀਂ ਹੈ) ਪਰਮੇਸਰ ਆਪ ਹੀ ਆਪਣੇ ਚਰਨਾਂ ਦੀ ਪ੍ਰੀਤ ਪ੍ਰੇਮ ਬਖ਼ਸ਼ਦਾ ਹੈ, ਉਸ ਦੀ ਮੇਹਰ ਨਾਲ ਹੀ ਉਸ ਦਾ ਨਾਮ-ਸਿਮਰਨ ਦਾ ਮਾਣ ਮਿਲਦਾ ਹੈ ॥੨॥

56850	1330	ਦਿਨੁ ਦਿਨੁ ਆਵੈ ਤਿਲੁ ਤਿਲੁ ਛੀਜੈ ਮਾਇਆ ਮੋਹੁ ਘਟਾਈ॥		Dhin Dhin Aavai Thil Thil Shheejai Maaeiaa Mohu Ghattaaee ||	With the coming of each and every day, his life is wearing away, bit by bit; but still, his heart is attached to Maya.	ਜ਼ਿੰਦਗੀ ਦਾ ਇਕ ਇਕ ਕਰ ਕੇ ਦਿਨ ਆਉਂਦਾ ਹੈ ਤੇ ਇਸ ਤਰ੍ਹਾਂ ਥੋੜ੍ਹੀ ਥੋੜ੍ਹੀ ਕਰ ਕੇ ਉਮਰ ਘਟਦੀ ਜਾਂਦੀ ਹੈ; ਪਰ ਮਾਇਆ ਦਾ ਮੋਹ ਜੀਵ ਦੇ ਹਿਰਦੇ ਵਿਚ (ਉਸੇ ਤਰ੍ਹਾਂ) ਟਿਕਿਆ ਰਹਿੰਦਾ ਹੈ।
56851	1330	ਬਿਨੁ ਗੁਰ ਬੂਡੋ ਠਉਰ ਨ ਪਾਵੈ ਜਬ ਲਗ ਦੂਜੀ ਰਾਈ॥੩॥		Bin Gur Booddo Thour N Paavai Jab Lag Dhoojee Raaee ||3||	Without the Guru, he is drowned, and finds no place of rest, as long as he is caught in duality. ||3||	ਗੁਰੂ ਦੀ ਸਰਨ ਆਉਣ ਤੋਂ ਬਿਨਾ ਜੀਵ (ਮਾਇਆ ਦੇ ਮੋਹ ਵਿਚ) ਡੁੱਬਾ ਰਹਿੰਦਾ ਹੈ। ਜਦੋਂ ਤਕ ਇਸ ਦੇ ਅੰਦਰ ਰਤਾ ਭਰ ਭੀ ਮਾਇਆ ਦੀ ਪ੍ਰੀਤ ਕਾਇਮ ਹੈ, ਇਹ ਭਟਕਦਾ ਫਿਰਦਾ ਹੈ ਇਸ ਨੂੰ (ਆਤਮਕ ਸੁਖ ਦੀ) ਥਾਂ ਨਹੀਂ ਲੱਭਦੀ ॥੩॥
56852	1330	ਅਹਿ ਨਿਸਿ ਜੀਆ ਦੇਖਿ ਸਮ੍ਹਾਲੈ ਸੁਖੁ ਦੁਖੁ ਪੁਰਬਿ ਕਮਾਈ॥		Ahinis Jeeaa Dhaekh Samhaalai Sukh Dhukh Purab Kamaaee ||	Day and night, God watches over and takes care of His living beings; they receive pleasure and pain according to their past actions.	(ਆਤਮਕ ਜੀਵਨ ਦੀ ਦਾਤ ਪ੍ਰਭੂ ਤੋਂ ਹੀ ਮਿਲ ਸਕਦੀ ਹੈ ਜੋ) ਦਿਨ ਰਾਤ ਬੜੇ ਗਹੁ ਨਾਲ ਜੀਵਾਂ ਦੀ ਸੰਭਾਲ ਕਰਦਾ ਹੈ ਤੇ ਜੀਵਾਂ ਦੀ ਪੂਰਬਲੀ ਕਮਾਈ ਅਨੁਸਾਰ ਇਹਨਾਂ ਨੂੰ ਸੁਖ ਜਾਂ ਦੁਖ (ਭੋਗਣ ਨੂੰ) ਦੇਂਦਾ ਹੈ।

56853	1330	ਕਰਮਹੀਣੁ ਸਚੁ ਭੀਖਿਆ ਮਾਂਗੈ ਨਾਨਕ ਮਿਲੈ ਵਡਾਈ ॥੪॥੧੧॥		Karameheen Sach Bheekhiaa Maangai Naanak Milai Vaddaaee ||4||11||	Nanak, the unfortunate one, begs for the charity of Truth; please bless him with this glory. ||4||11||	ਹੇ ਪ੍ਰਭੂ! ਮੈਂ ਚੰਗੇ ਕੀਤੇ ਕਰਮਾਂ ਦਾ ਮਾਣ ਨਹੀਂ ਕਰਦਾ, ਮੈਨੂੰ ਨਾਨਕ ਨੂੰ ਤੇਰਾ ਨਾਮ ਸਿਮਰਨ ਦੀ ਵਡਿਆਈ ਮਿਲ ਜਾਏ, ਨਾਨਕ ਤੇਰੇ ਦਰ ਤੋਂ ਤੇਰਾ ਨਾਮ ਸਿਮਰਨ ਦੀ ਭਿੱਛਿਆ ਹੀ ਮੰਗਦਾ ਹੈ ॥੪॥੧੧॥
56854	1330	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	
56855	1330	ਮਸਟਿ ਕਰਉ ਮੂਰਖੁ ਜਗਿ ਕਹੀਆ॥	ਮਸਟਿ:ਪੋਲਾ ਬੋਲੋ। (ਮਸਟਿ) ਚੁੱਪ	Masatt Karo Moorakh Jag Keheeaa ||	If I remain silent, the world calls me a fool.	(ਦੁਨੀਆਵੀ ਰਸਮ-ਰਿਵਾਜ ਵਲੋਂ ਬੇ-ਪਰਵਾਹ ਹੋ ਕੇ ਤੇਰੀ ਸਿਫ਼ਤ-ਸਾਲਾਹ ਵਿਚ ਮਸਤ ਹੋ ਕੇ) ਜੇ ਮੈਂ ਚੁੱਪ ਕਰ ਰਹਿੰਦਾ ਹਾਂ, ਤਾਂ ਜਗਤ ਵਿਚ ਮੈਂ ਮੂਰਖ ਆਖਿਆ ਜਾਂਦਾ ਹਾਂ,
56856	1330	ਅਧਿਕ ਬਕਉ ਤੇਰੀ ਲਿਵ ਰਹੀਆ॥		Adhhik Bako Thaeree Liv Reheeaa ||	If I talk too much, I miss out on Your Love.	ਪਰ ਜੇ (ਇਹਨਾਂ ਖੁੰਝੇ ਹੋਏ ਲੋਕਾਂ ਨੂੰ ਇਹਨਾਂ ਦੀਆਂ ਇਹ ਉਕਾਈਆਂ ਸਮਝਾਣ ਵਾਸਤੇ) ਮੈਂ ਬਹੁਤਾ ਬੋਲਦਾ ਹਾਂ, ਤਾਂ ਤੇਰੇ ਚਰਨਾਂ ਵਿਚ ਸੁਰਤ ਦਾ ਟਿਕਾਉ ਘਟਦਾ ਹੈ।

56857	1330	ਭੂਲ ਚੂਕ ਤੇਰੈ ਦਰਬਾਰਿ॥		Bhool Chook Thaerai Dharabaar ||	My mistakes and faults will be judged in Your Court.	(ਇਹ ਲੋਕ ਨਿਰੀਆਂ ਭਾਈਚਾਰਕ ਰਸਮਾਂ ਦੇ ਕਰਨ ਨੂੰ ਹੀ ਜੀਵਨ ਦਾ ਸਹੀ ਰਸਤਾ ਸਮਝਦੇ ਹਨ, ਤੇਰੇ ਸਿਮਰਨ ਦੇ ਉੱਦਮ ਨੂੰ ਇਹ ਨਿੰਦਦੇ ਹਨ। ਇਹਨਾਂ ਵਿਚੋਂ ਉਕਾਈ ਵਾਲਾ ਰਸਤਾ ਕੇਹੜਾ ਹੈ?) ਅਸਲ ਉਕਾਈਆਂ ਉਹੀ ਹਨ ਜੋ ਤੇਰੀ ਹਜ਼ੂਰੀ ਵਿਚ ਉਕਾਈਆਂ ਮੰਨੀਆਂ ਜਾਣ।
56858	1330	ਨਾਮ ਬਿਨਾ ਕੈਸੇ ਆਚਾਰ॥੧॥		Naam Binaa Kaisae Aachaar ||1||	Without the Naam, the Name of the Lord, how can I maintain good conduct? ||1||	ਉਹ ਭਾਈਚਾਰਕ ਰਸਮਾਂ ਕਿਸੇ ਅਰਥ ਨਹੀਂ ਜੋ ਤੇਰਾ ਨਾਮ ਸਿਮਰਨ ਤੋਂ ਵਿਛੋੜਦੀਆਂ ਹਨ ॥੧॥
56859	1330	ਐਸੇ ਝੂਠਿ ਮੁਠੇ ਸੰਸਾਰਾ॥	ਮੁੱਠੇ	Aisae Jhooth Muthae Sansaaraa ||	Such is the falsehood which is plundering the world.	ਹੇ ਪ੍ਰਭੂ! ਸੰਸਾਰੀ ਜੀਵ ਵਿਅਰਥ ਰਸਮਾਂ ਦੇ ਵਹਿਮ ਵਿਚ ਫਸ ਕੇ ਮਾਇਆ ਦੇ ਢਹੇ ਚੜ੍ਹ ਕੇ ਅਜੇਹੇ ਲੁੱਟੇ ਜਾ ਰਹੇ ਹਨ (ਆਤਮਕ ਜੀਵਨ ਅਜੇਹੇ ਲੁਟਾ ਰਹੇ ਹਨ ਕਿ ਇਹਨਾਂ ਨੂੰ ਇਹ ਸਮਝ ਹੀ ਨਹੀਂ ਪੈਂਦੀ)।

56860	1330	ਨਿੰਦਕੁ ਨਿੰਦੈ ਮੁਝੈ ਪਿਆਰਾ॥੧॥ਰਹਾਉ ॥		Nindhak Nindhai Mujhai Piaaraa ||1|| Rehaao ||	The slanderer slanders me, but even so, I love him. ||1||Pause||	(ਨਿਰੀਆਂ ਭਾਈਚਾਰਕ ਰਸਮਾਂ ਦੇ ਟਾਕਰੇ ਤੇ ਤੇਰੇ ਨਾਮ-ਸਿਮਰਨ ਦੀ) ਨਿੰਦਾ ਕਰਨ ਵਾਲਾ ਮਨੁੱਖ (ਤੇਰੇ ਨਾਮ ਨੂੰ) ਮਾੜਾ ਆਖਦਾ ਹੈ (ਪਰ ਤੇਰੀ ਮੇਹਰ ਨਾਲ) ਮੈਨੂੰ (ਤੇਰਾ ਨਾਮ) ਪਿਆਰਾ ਲੱਗਦਾ ਹੈ ॥੧॥ ਰਹਾਉ ॥
56861	1330	ਜਿਸੁ ਨਿੰਦਹਿ ਸੋਈ ਬਿਧਿ ਜਾਣੈ॥	ਨਿੰਦ-ਹਿ,ਬਿਧਿ: ਪੋਲਾ ਬੋਲੋ	Jis Nindhehi Soee Bidhh Jaanai ||	He alone knows the way, who has been slandered.	(ਇਹ ਕਰਮ-ਕਾਂਡੀ ਲੋਕ ਪ੍ਰਭੂ ਦੀ ਭਗਤੀ ਕਰਨ ਵਾਲੇ ਨੂੰ ਨਿੰਦਦੇ ਹਨ, ਪਰ) ਜਿਸ ਨੂੰ ਇਹ ਮਾੜਾ ਆਖਦੇ ਹਨ (ਅਸਲ ਵਿਚ) ਉਹੀ ਮਨੁੱਖ ਜੀਵਨ ਦੀ ਸਹੀ ਜੁਗਤਿ ਜਾਣਦਾ ਹੈ,
56862	1330	ਗੁਰ ਕੈ ਸਬਦੇ ਦਰਿ ਨੀਸਾਣੈ॥		Gur Kai Sabadhae Dhar Neesaanai ||	Through the Word of the Guru's Shabad, he is stamped with the Lord's Insignia in His Court.	ਉਹ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਪ੍ਰਭੂ ਦੇ ਦਰ ਤੇ ਆਦਰ-ਮਾਣ ਹਾਸਲ ਕਰਦਾ ਹੈ,
56863	1330	ਕਾਰਣ ਨਾਮੁ ਅੰਤਰਗਤਿ ਜਾਣੈ॥		Kaaran Naam Antharagath Jaanai ||	He realizes the Naam, the Cause of causes, deep within himself.	ਸਾਰੀ ਸ੍ਰਿਸ਼ਟੀ ਦੇ ਮੂਲ ਪ੍ਰਭੂ ਦੇ ਨਾਮ ਨੂੰ ਉਹ ਆਪਣੇ ਹਿਰਦੇ ਵਿਚ ਵਸਾਂਦਾ ਹੈ।
56864	1330	ਜਿਸ ਨੋ ਨਦਰਿ ਕਰੇ ਸੋਈ ਬਿਧਿ ਜਾਣੈ॥੨॥		Jis No Nadhar Karae Soee Bidhh Jaanai ||2||	He alone knows the way, who is blessed by the Lord's Glance of Grace. ||2||	ਪਰ ਸਿਫ਼ਤ-ਸਾਲਾਹ ਦੀ ਇਹ ਜੁਗਤਿ ਉਹੀ ਮਨੁੱਖ ਸਮਝਦਾ ਹੈ ਜਿਸ ਉਤੇ ਪ੍ਰਭੂ ਆਪ ਮੇਹਰ ਦੀ ਨਜ਼ਰ ਕਰਦਾ ਹੈ ॥੨॥

56865	1330	ਮੈ ਮੈਲੋ ਊਜਲੁ ਸਚੁ ਸੋਇ॥		Mai Maila Oojal Sach Soe ||	I am filthy and polluted; the True Lord is Immaculate and Sublime.	(ਪ੍ਰਭੂ ਦੇ ਨਾਮ ਤੋਂ ਖੁੰਝ ਕੇ) ਅਸੀਂ ਜੀਵ ਮਲੀਨ-ਮਨ ਹੋ ਰਹੇ ਹਾਂ, ਉਹ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਹੀ (ਵਿਕਾਰਾਂ ਦੀ ਮੈਲ ਤੋਂ) ਸਾਫ਼ ਹੈ।
56866	1330	ਊਤਮੁ ਆਖਿ ਨ ਊਚਾ ਹੋਇ॥		Ootham Aakh N Oochaa Hoe ||	Calling oneself sublime, one does not become exalted.	(ਪ੍ਰਭੂ ਦੀ ਯਾਦ ਭੁਲਾ ਕੇ ਨਿਰੇ ਕਰਮ-ਕਾਂਡ ਦੇ ਆਸਰੇ ਆਪਣੇ ਆਪ ਨੂੰ) ਉੱਤਮ ਆਖ ਕੇ ਕੋਈ ਮਨੁੱਖ ਉੱਚੇ ਜੀਵਨ ਵਾਲਾ ਨਹੀਂ ਹੋ ਸਕਦਾ।
56867	1330	ਮਨਮੁਖੁ ਖੂਲ੍ਹਿ ਮਹਾ ਬਿਖੁ ਖਾਇ॥	(ਖੂਲ੍ਹਿ) ਖੁੱਲ੍ਹ ਕੇ	Manamukh Khoolih Mehaa Bikh Khaae ||	The self-willed manmukh openly eats the great poison.	ਜਿਹੜਾ ਮਨੁੱਖ (ਗੁਰੂ ਦੇ ਸ਼ਬਦ ਤੋਂ ਖੁੰਝਦਾ ਹੈ ਤੇ) ਆਪਣੇ ਮਨ ਦੇ ਪਿੱਛੇ ਤੁਰਦਾ ਹੈ ਉਹ ਅਝੱਕ ਹੋ ਕੇ (ਮਾਇਆ-ਮੋਹ ਦਾ) ਜ਼ਹਿਰ ਖਾਂਦਾ ਰਹਿੰਦਾ ਹੈ (ਜੋ ਆਤਮਕ ਜੀਵਨ ਨੂੰ ਮਾਰ ਮੁਕਾਂਦਾ ਹੈ। ਫਿਰ ਇਹ ਸੁੱਚਾ ਤੇ ਉੱਚਾ ਕਿਵੇਂ?)।
56868	1330	ਗੁਰਮੁਖਿ ਹੋਇ ਸੁ ਰਾਚੈ ਨਾਇ॥੩॥		Guramukh Hoe S Raachai Naae ||3||	But one who becomes Gurmukh is absorbed in the Name. ||3||	ਜੋ ਮਨੁੱਖ ਗੁਰੂ ਦੇ ਦੱਸੇ ਰਸਤੇ ਤੁਰਦਾ ਹੈ, ਉਹ ਪ੍ਰਭੂ ਦੇ ਨਾਮ ਵਿਚ ਲੀਨ ਰਹਿੰਦਾ ਹੈ (ਤੇ ਉਹ ਸੁੱਚੇ ਜੀਵਨ ਵਾਲਾ ਹੈ) ॥੩॥

56869	1330	ਅੰਧੌ ਬੋਲੌ ਮੁਗਧੁ ਗਵਾਰੁ॥		Andhha Bola Mugadhh Gavaar ||	I am blind, deaf, foolish and ignorant,	ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮਨੁੱਖ, ਪ੍ਰਭੂ ਦੀ ਸਿਫ਼ਤ-ਸਾਲਾਹ ਤੋਂ ਕੰਨ ਮੂੰਦ ਰੱਖਣ ਵਾਲਾ ਮਨੁੱਖ ਮੂਰਖ ਹੈ, ਗੰਵਾਰ ਹੈ,
56870	1331	ਹੀਣੌ ਨੀਚੁ ਬੁਰੌ ਬੁਰਿਆਰੁ॥		Heena Neech Bura Buriaar ||	The lowest of the low, the worst of the worst.	ਆਤਮਕ ਜੀਵਨ ਤੋਂ ਸੱਖਣਾ ਹੈ। ਨੀਵੇਂ ਪਾਸੇ ਜਾ ਰਿਹਾ ਹੈ, ਮੰਦਿਆਂ ਤੋਂ ਮੰਦਾ ਹੈ।
56871	1331	ਨੀਧਨ ਕੌ ਧਨੁ ਨਾਮੁ ਪਿਆਰੁ॥		Needhhan Ka Dhhan Naam Piaar ||	I am poor, but I have the Wealth of Your Name, O my Beloved.	ਪਰਮਾਤਮਾ ਦਾ ਨਾਮ ਪਰਮਾਤਮਾ ਦੇ ਚਰਨਾਂ ਦਾ ਪਿਆਰ (ਆਤਮਕ ਜੀਵਨ ਵਲੋਂ) ਕੰਗਾਲਾਂ ਵਾਸਤੇ ਧਨ ਹੈ।
56872	1331	ਇਹੁ ਧਨੁ ਸਾਰੁ ਹੋਰੁ ਬਿਖਿਆ ਛਾਰੁ॥੪॥		Eihu Dhhan Saar Hor Bikhiaa Shhaar ||4||	This is the most excellent wealth; all else is poison and ashes. ||4||	ਇਹੀ ਧਨ ਸ੍ਰੇਸ਼ਟ ਧਨ ਹੈ, ਇਸ ਤੋਂ ਬਿਨਾ ਦੁਨੀਆ ਦੀ ਮਾਇਆ ਸੁਆਹ ਸਮਾਨ ਹੈ ॥੪॥
56873	1331	ਉਸਤਤਿ ਨਿੰਦਾ ਸਬਦੁ ਵੀਚਾਰੁ॥		Ousathath Nindhaa Sabadh Veechaar ||	I pay no attention to slander and praise; I contemplate the Word of the Shabad.	(ਪਰ ਜੀਵਾਂ ਦੇ ਕੀਹ ਵੱਸ?) ਸਿਫ਼ਤ-ਸਾਲਾਹ ਜਾਂ ਇਸ ਵਲੋਂ ਨਫ਼ਰਤ, ਗੁਰੂ ਦੇ ਸ਼ਬਦ ਦਾ ਪਿਆਰ, ਪ੍ਰਭੂ ਦੇ ਗੁਣਾਂ ਦੀ ਵੀਚਾਰ- (ਇਹ ਜੋ ਕੁਝ ਭੀ ਦੇਂਦਾ ਹੈ ਪ੍ਰਭੂ ਆਪ ਹੀ ਦੇਂਦਾ ਹੈ),
56874	1331	ਜੋ ਦੇਵੈ ਤਿਸ ਕਉ ਜੈਕਾਰੁ॥		Jo Dhaevai This Ko Jaikaar ||	I celebrate the One who blesses me with His Bounty.	ਜੇਹੜਾ ਜੇਹੜਾ ਪ੍ਰਭੂ ਜੀਵਾਂ ਨੂੰ ਇਹ ਦੇਂਦਾ ਹੈ ਸਦਾ ਉਸੇ ਨੂੰ ਨਮਸਕਾਰ ਕਰਨੀ ਚਾਹੀਦੀ ਹੈ,

56875	1331	ਤੂ ਬਖਸਹि ਜਾਤि ਪति ਹोइ॥		Thoo Bakhasehi Jaath Path Hoe ||	Whomever You forgive, O Lord, is blessed with status and honor.	(ਤੇ ਆਖਣਾ ਚਾਹੀਦਾ ਹੈ ਕਿ) ਹੇ ਪ੍ਰਭੂ! ਜਿਸ ਨੂੰ ਤੂੰ ਆਪਣੀ ਸਿਫ਼ਤ-ਸਾਲਾਹ ਬਖ਼ਸ਼ਦਾ ਹੈਂ, ਉਸ ਦੀ, ਮਾਨੇ, ਉੱਚੀ ਜਾਤਿ ਹੋ ਜਾਂਦੀ ਹੈ, ਉਸ ਨੂੰ ਇੱਜ਼ਤ ਮਿਲਦੀ ਹੈ।
56876	1331	ਨਾਨਕੁ ਕहै ਕहावै ਸोइ॥੫॥੧੨॥		Naanak Kehai Kehaavai Soe ||5||12||	Says Nanak, I speak as He causes me to speak. ||5||12||	(ਪ੍ਰਭੂ ਦਾ ਦਾਸ) ਨਾਨਕ (ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਬੋਲ ਤਦੋਂ ਹੀ) ਆਖ ਸਕਦਾ ਹੈ ਜੇ ਪ੍ਰਭੂ ਆਪ ਹੀ ਅਖਵਾਏ ॥੫॥੧੨॥
56877	1331	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	
56878	1331	ਖਾਇਆ ਮੈਲੁ ਵਧਾਇਆ ਪैधै ਘਰ ਕੀ ਹਾਣि॥	ਮੈਲ਼ ਨੂੰ ਖਾਧਾ, ਮੈਲ਼ ਨੂੰ ਵਧਾਇਆ	Khaaeiaa Mail Vadhhaaeiaa Paidhhai Ghar Kee Haan ||	Eating too much one's filth only increases; wearing fancy clothes one's home is disgraced.	ਪ੍ਰਭੂ ਦਾ ਸਿਮਰਨ ਛੱਡ ਕੇ ਜਿਉਂ ਜਿਉਂ ਮਨੁੱਖ ਸੁਆਦਲੇ ਖਾਣੇ ਖਾਂਦਾ ਹੈ ਤਿਉਂ ਤਿਉਂ ਖਾਣ ਦੇ ਚਸਕੇ ਦੀ ਮੈਲ ਆਪਣੇ ਮਨ ਵਿਚ ਵਧਾਂਦਾ ਹੈ, (ਸੁੰਦਰ ਬਸਤ੍ਰ) ਪਹਿਨਣ ਦੇ ਰਸ ਵਿਚ ਫਸਿਆਂ ਭੀ ਮਨੁੱਖ ਦੇ ਆਤਮਕ ਜੀਵਨ ਨੂੰ ਹੀ ਘਾਟ ਪੈਂਦੀ ਹੈ।

56879	1331	ਬਕਿ ਬਕਿ ਵਾਦੁ ਚਲਾਇਆ ਬਿਨੁ ਨਾਵੈ ਬਿਖੁ ਜਾਣਿ॥੧॥		Bak Bak Vaadh Chalaaeiaa Bin Naavai Bikh Jaan ||1||	Talking too much, one only starts arguments. Without the Name, everything is poison - know this well. ||1||	(ਆਪਣੇ ਆਪ ਨੂੰ ਵਡਿਆਉਣ ਦੇ) ਬੋਲ ਬੋਲ ਕੇ ਭੀ (ਦੂਜਿਆਂ ਨਾਲ) ਝਗੜਾ ਖੜਾ ਕਰ ਲੈਂਦਾ ਹੈ। (ਸੋ, ਸਿਮਰਨ ਤੋਂ ਖੁੰਝ ਕੇ ਇਹੀ) ਸਮਝ ਕਿ ਮਨੁੱਖ ਜ਼ਹਿਰ (ਵਿਹਾਝਦਾ ਹੈ) ॥੧॥
56880	1331	ਬਾਬਾ ਐਸਾ ਬਿਖਮ ਜਾਲਿ ਮਨੁ ਵਾਸਿਆ॥	ਵੱਾਸਿਆ	Baabaa Aisaa Bikham Jaal Man Vaasiaa ||	O Baba, such is the treacherous trap which has caught my mind;	ਹੇ ਭਾਈ! (ਖਾਣ ਹੰਢਾਣ ਤੇ ਆਪਣੀ ਸੋਭਾ ਕਰਾਣ ਆਦਿਕ ਤੇ) ਔਖੇ ਜਾਲ ਵਿਚ ਮਨ ਅਜੇਹਾ ਫਸਦਾ ਹੈ (ਕਿ ਇਸ ਵਿਚੋਂ ਨਿਕਲਣਾ ਕਠਨ ਹੋ ਜਾਂਦਾ ਹੈ।)
56881	1331	ਬਿਬਲੁ ਝਾਗਿ ਸਹਜਿ ਪਰਗਾਸਿਆ॥੧॥ਰਹਾਉ॥	ਔਗੁਣਾਂ ਸਹਿਤ (ਬਿਬਲੁ) ਬਦ ਇਖ਼ਲਾਕੀ। (ਝਾਗਿ) ਦਬਾ ਕੇ। ਬਿਬ-ਲੁ: ਪੋਲਾ ਬੋਲੋ	Bibal Jhaag Sehaj Paragaasiaa ||1|| Rehaao ||	Riding out the waves of the storm, it will be enlightened by intuitive wisdom. ||1||Pause||	(ਸੰਸਾਰ-ਸਮੁੰਦਰ ਵਿਚ ਮਾਇਆ ਦੇ ਰਸਾਂ ਦੀਆਂ ਠਿੱਲਾਂ ਪੈ ਰਹੀਆਂ ਹਨ, ਇਸ) ਝਗੂਲੇ ਪਾਣੀ ਨੂੰ ਔਖਿਆਈ ਨਾਲ ਲੰਘ ਕੇ ਹੀ ਜਦੋਂ ਟਿਕਵੀਂ ਅਵਸਥਾ ਵਿਚ ਅਪੜੀਦਾ ਹੈ ਤਦੋਂ ਮਨੁੱਖ ਦੇ ਅੰਦਰ ਗਿਆਨ ਦਾ ਪ੍ਰਕਾਸ਼ ਹੁੰਦਾ ਹੈ ॥੧॥ ਰਹਾਉ ॥
56882	1331	ਬਿਖੁ ਖਾਣਾ ਬਿਖੁ ਬੋਲਣਾ ਬਿਖੁ ਕੀ ਕਾਰ ਕਮਾਇ॥		Bikh Khaanaa Bikh Bolanaa Bikh Kee Kaar Kamaae ||	They eat poison, speak poison and do poisonous deeds.	(ਮੋਹ ਦੇ ਜਾਲ ਵਿਚ ਫਸ ਕੇ) ਮਨੁੱਖ ਜੋ ਕੁਝ ਖਾਂਦਾ ਹੈ ਉਹ ਭੀ (ਆਤਮਕ ਜੀਵਨ ਲਈ) ਜ਼ਹਿਰ, ਜੋ ਕੁਝ ਬੋਲਦਾ ਹੈ ਉਹ ਭੀ ਜ਼ਹਿਰ, ਜੋ ਕੁਝ ਕਰਦਾ ਕਮਾਂਦਾ ਹੈ ਉਹ ਭੀ ਜ਼ਹਿਰ ਹੀ ਹੈ।

56883	1331	ਜਮ ਦਰਿ ਬਾਧੇ ਮਾਰੀਅਹਿ ਛੂਟਸਿ ਸਾਚੈ ਨਾਇ॥੨॥		Jam Dhar Baadhhae Maareeahi Shhoottas Saachai Naae ||2||	Bound and gagged at Death's door, they are punished; they can be saved only through the True Name. ||2||	(ਅਜੇਹੇ ਬੰਦੇ ਆਖ਼ਿਰ) ਜਮ ਰਾਜ ਦੇ ਬੂਹੇ ਤੇ ਬੱਧੇ ਹੋਏ (ਮਾਨਸਕ ਦੁੱਖਾਂ ਦੀ) ਮਾਰ ਖਾਂਦੇ ਹਨ। (ਇਹਨਾਂ ਮਾਨਸਕ ਦੁੱਖਾਂ ਤੋਂ) ਉਹੀ ਖ਼ਲਾਸੀ ਹਾਸਲ ਕਰਦਾ ਹੈ ਜੋ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜਦਾ ਹੈ ॥੨॥
56884	1331	ਜਿਵ ਆਇਆ ਤਿਵ ਜਾਇਸੀ ਕੀਆ ਲਿਖਿ ਲੈ ਜਾਇ॥		Jiv Aaeiaa Thiv Jaaeisee Keeaa Likh Lai Jaae ||	As they come, they go. Their actions are recorded, and go along with them.	ਜਗਤ ਵਿਚ ਜਿਵੇਂ ਜੀਵ ਨੰਗਾ ਆਉਂਦਾ ਹੈ ਤਿਵੇਂ ਨੰਗਾ ਹੀ ਇਥੋਂ ਚਲਾ ਜਾਂਦਾ ਹੈ (ਪਰ ਮੋਹ ਦੇ ਕਰੜੇ ਜਾਲ ਵਿਚ ਫਸਿਆ ਰਹਿ ਕੇ ਇਥੋਂ) ਕੀਤੇ ਮੰਦੇ ਕਰਮਾਂ ਦੇ ਸੰਸਕਾਰ ਆਪਣੇ ਮਨ ਵਿਚ ਉੱਕਰ ਕੇ ਆਪਣੇ ਨਾਲ ਲੈ ਤੁਰਦਾ ਹੈ।
56885	1331	ਮਨਮੁਖਿ ਮੂਲੁ ਗਵਾਇਆ ਦਰਗਹ ਮਿਲੈ ਸਜਾਇ॥੩॥		Manamukh Mool Gavaaeiaa Dharageh Milai Sajaae ||3||	The self-willed manmukh loses his capital, and is punished in the Court of the Lord. ||3||	(ਸਾਰੀ ਉਮਰ) ਆਪਣੇ ਮਨ ਦੇ ਪਿੱਛੇ ਤੁਰ ਕੇ (ਭਲੇ ਗੁਣਾਂ ਦੀ) ਰਾਸਿ-ਪੂੰਜੀ (ਜੋ ਥੋੜੀ ਬਹੁਤ ਪੱਲੇ ਸੀ ਇਥੇ ਹੀ) ਗਵਾ ਜਾਂਦਾ ਹੈ, ਤੇ ਪਰਮਾਤਮਾ ਦੀ ਦਰਗਾਹ ਵਿਚ ਇਸ ਨੂੰ ਸਜ਼ਾ ਮਿਲਦੀ ਹੈ ॥੩॥

56886	1331	ਜਗੁ ਖੋਟੌ ਸਚੁ ਨਿਰਮਲੌ ਗੁਰ ਸਬਦੀਂ ਵੀਚਾਰਿ॥		Jag Khotta Sach Niramala Gur Sabadheen Veechaar ||	The world is false and polluted; only the True One is Pure. Contemplate Him through the Word of the Guru's Shabad.	ਜਗਤ (ਦਾ ਮੋਹ) ਖੋਟਾ ਹੈ (ਭਾਵ, ਮਨੁੱਖ ਦੇ ਮਨ ਨੂੰ ਖੋਟਾ ਮੈਲਾ ਬਣਾ ਦੇਂਦਾ ਹੈ), ਪਰਮਾਤਮਾ ਦਾ ਸਦਾ-ਥਿਰ ਨਾਮ ਪਵਿਤ੍ਰ ਹੈ (ਮਨ ਨੂੰ ਭੀ ਪਵਿਤ੍ਰ ਕਰਦਾ ਹੈ), (ਇਹ ਸੱਚਾ ਨਾਮ ਗੁਰੂ ਦੇ ਸ਼ਬਦ ਵਿਚ ਸੁਰਤ ਜੋੜਿਆਂ ਹੀ ਪ੍ਰਾਪਤ ਹੁੰਦਾ ਹੈ।
56887	1331	ਤੇ ਨਰ ਵਿਰਲੇ ਜਾਣੀਅਹਿ ਜਿਨ ਅੰਤਰਿ ਗਿਆਨੁ ਮੁਰਾਰਿ॥੪॥		Thae Nar Viralae Jaaneeahi Jin Anthar Giaan Muraar ||4||	Those who have God's spiritual wisdom within, are known to be very rare. ||4||	(ਪਰ) ਅਜੇਹੇ ਬੰਦੇ ਕੋਈ ਵਿਰਲੇ ਵਿਰਲੇ ਹੀ ਲੱਭਦੇ ਹਨ ਜਿਨ੍ਹਾਂ ਨੇ ਆਪਣੇ ਹਿਰਦੇ ਵਿਚ ਪਰਮਾਤਮਾ ਨਾਲ ਜਾਣ-ਪਛਾਣ ਪਾਈ ਹੈ ॥੪॥
56888	1331	ਅਜਰੁ ਜਰੈ ਨੀਝਰੁ ਝਰੈ ਅਮਰ ਅਨੰਦ ਸਰੂਪ॥	ਅ-ਜਰੁ। ਨੀੱਝਰੁ	Ajar Jarai Neejhar Jharai Amar Anandh Saroop ||	They endure the unendurable, and the Nectar of the Lord, the Embodiment of Bliss, trickles into them continuously.	(ਮਾਇਆ ਦੇ ਮੋਹ ਦੀ ਸੱਟ ਸਹਾਰਨੀ ਬੜੀ ਔਖੀ ਖੇਡ ਹੈ, ਇਹ ਸੱਟ ਆਤਮਾ ਨੂੰ ਮਾਰ ਕੇ ਰੱਖ ਦੇਂਦੀ ਹੈ, ਪਰ ਜੇਹੜਾ ਕੋਈ) ਇਸ ਨਾਹ ਸਹਾਰੀ ਜਾਣ ਵਾਲੀ ਸੱਟ ਨੂੰ ਸਹਾਰ ਲੈਂਦਾ ਹੈ (ਉਸ ਦੇ ਅੰਦਰ) ਸਦਾ ਅਟੱਲ ਤੇ ਆਨੰਦ-ਸਰੂਪ ਪਰਮਾਤਮਾ (ਦੇ ਪਿਆਰ) ਦਾ ਚਸ਼ਮਾ ਫੁੱਟ ਪੈਂਦਾ ਹੈ।

56889	1331	ਨਾਨਕੁ ਜਲ ਕੌ ਮੀਨੁ ਸੈ ਥੇ ਭਾਵੈ ਰਾਖਹੁ ਪ੍ਰੀਤਿ॥੫॥੧੩॥	(ਸੈ) ਹੈ। (ਥੇ) ਆਪ ਜੀ ਨੂੰ ਭਾਵੈ, ਤਾਂ ਪ੍ਰੀਤਿ ਰੱਖੋ ਦਾਸਨ ਦਾਸ ਦੀ	Naanak Jal Ka Meen Sai Thhae Bhaavai Raakhahu Preeth ||5||13||	O Nanak, the fish is in love with the water; if it pleases You, Lord, please enshrine such love within me. ||5||13||	ਹੇ ਪ੍ਰਭੂ! ਜਿਵੇਂ ਮੱਛੀ (ਵਧੀਕ ਵਧੀਕ) ਜਲ ਨੂੰ ਤਾਂਘਦੀ ਹੈ, ਜਿਵੇਂ (ਤੇਰਾ ਦਾਸ) ਨਾਨਕ (ਤੇਰੀ ਪ੍ਰੀਤ ਲੋੜਦਾ ਹੈ) ਤੇਰੀ ਮੇਹਰ ਹੋਵੇ, ਤਾਂ ਤੂੰ ਆਪਣਾ ਪਿਆਰ (ਮੇਰੇ ਹਿਰਦੇ ਵਿਚ) ਟਿਕਾਈ ਰੱਖ (ਤਾ ਕਿ ਨਾਨਕ ਮਾਇਆ ਦੇ ਮੋਹ-ਜਾਲ ਵਿਚ ਫਸਣੋਂ ਬਚਿਆ ਰਹੇ) ॥੫॥੧੩॥
56890	1331	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	
56891	1331	ਗੀਤ ਨਾਦ ਹਰਖ ਚਤੁਰਾਈ॥		Geeth Naadh Harakh Chathuraaee ||	Songs, sounds, pleasures and clever tricks;	ਦੁਨੀਆ ਵਾਲੇ ਗੀਤ ਗਾਣੇ, ਦੁਨੀਆ ਵਾਲੀਆਂ ਖ਼ੁਸ਼ੀਆਂ ਤੇ ਚਤੁਰਾਈਆਂ,
56892	1331	ਰਹਸ ਰੰਗ ਫੁਰਮਾਇਸਿ ਕਾਈ॥	ਰਹਸ:ਪੋਲਾ ਬੋਲੋ। (ਰਹਸ) ਪ੍ਰਸੰਨਤਾ	Rehas Rang Furamaaeis Kaaee ||	Joy, love and the power to command;	ਦੁਨੀਆ ਵਾਲੇ ਚਾਉ ਮਲ੍ਹਾਰ ਤੇ ਹਕੂਮਤਾਂ, (ਇਹਨਾਂ ਵਿਚੋਂ) ਕੁਝ ਭੀ-
56893	1331	ਪੈਨ੍ਹਣੁ ਖਾਣਾ ਚੀਤਿ ਨ ਪਾਈ॥		Painhan Khaanaa Cheeth N Paaee ||	Fine clothes and food - these have no place in one's consciousness.	ਅਨੇਕਾਂ ਪਦਾਰਥ ਖਾਣੇ ਤੇ ਸੁੰਦਰ ਬਸਤ੍ਰ ਪਹਿਨਣੇ- ਮੇਰੇ ਚਿੱਤ ਵਿਚ ਨਹੀਂ ਭਾਉਂਦੇ।

56894	1331	ਸਾਚੁ ਸਹਜੁ ਸੁਖੁ ਨਾਮਿ ਵਸਾਈ॥੧॥		Saach Sehaj Sukh Naam Vasaaee ||1||	True intuitive peace and poise rest in the Naam. ||1||	(ਜਿਤਨਾ ਚਿਰ) ਸਿਮਰਨ ਦੀ ਰਾਹੀਂ ਮੈਂ (ਪਰਮਾਤਮਾ ਨੂੰ ਆਪਣੇ ਹਿਰਦੇ ਵਿਚ) ਵਸਾਂਦਾ ਹਾਂ, ਮੇਰੇ ਅੰਦਰ ਅਟੱਲ ਅਡੋਲਤਾ ਬਣੀ ਰਹਿੰਦੀ ਹੈ, ਮੇਰੇ ਅੰਦਰ ਸੁਖ ਬਣਿਆ ਰਹਿੰਦਾ ਹੈ ॥੧॥
56895	1331	ਕਿਆ ਜਾਨਾਂ ਕਿਆ ਕਰੈ ਕਰਾਵੈ॥		Kiaa Jaanaan Kiaa Karai Karaavai ||	What do I know about what God does?	ਮੈਨੂੰ ਇਹ ਸਮਝ ਨਹੀਂ ਕਿ (ਮੇਰਾ ਸਿਰਜਣਹਾਰ ਮੇਰੇ ਵਾਸਤੇ) ਕੀਹ ਕੁਝ ਕਰ ਰਿਹਾ ਤੇ (ਮੈਥੋਂ) ਕੀ ਕਰਾ ਰਿਹਾ ਹੈ।
56896	1331	ਨਾਮ ਬਿਨਾ ਤਨਿ ਕਿਛੁ ਨ ਸੁਖਾਵੈ॥੧॥ਰਹਾਉ॥		Naam Binaa Than Kishh N Sukhaavai ||1|| Rehaao ||	Without the Naam, the Name of the Lord, nothing makes my body feel good. ||1||Pause||	(ਪਰ ਮੈਂ ਇਹ ਸਮਝਦਾ ਹਾਂ ਕਿ) ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੁਝ ਭੀ ਮੇਰੇ ਹਿਰਦੇ ਵਿਚ ਚੰਗਾ ਨਹੀਂ ਲਗਦਾ ॥੧॥ ਰਹਾਉ ॥
56897	1331	ਜੋਗ ਬਿਨੋਦ ਸ੍ਵਾਦ ਆਨੰਦਾ॥	ਸੁਆਦ	Jog Binodh Svaadh Aanandhaa ||	Yoga, thrills, delicious flavors and ecstasy;	(ਪਰਮਾਤਮਾ ਦੀ ਭਗਤੀ) ਵਿਚੋਂ ਮੈਨੂੰ ਜੋਗ ਦੇ ਕੌਤਕਾਂ ਦੇ ਸੁਆਦ ਤੇ ਆਨੰਦ ਆ ਰਹੇ ਹਨ।
56898	1331	ਮਤਿ ਸਤ ਭਾਇ ਭਗਤਿ ਗੋਬਿੰਦਾ॥	(ਸਤ) ਸੱਚੇ। (ਭਾਇ) ਪ੍ਰੇਮ	Math Sath Bhaae Bhagath Gobindhaa ||	Wisdom, truth and love all come from devotion to the Lord of the Universe.	(ਪ੍ਰਭੂ-ਚਰਨਾਂ ਦੇ) ਸੱਚੇ ਪ੍ਰੇਮ ਦੀ ਬਰਕਤਿ ਨਾਲ ਮੇਰੀ ਮੱਤ ਵਿਚ ਗੋਬਿੰਦ ਦੀ ਭਗਤੀ ਟਿਕੀ ਹੋਈ ਹੈ,
56899	1331	ਕੀਰਤਿ ਕਰਮ ਕਾਰ ਨਿਜ ਸੰਦਾ॥		Keerath Karam Kaar Nij Sandhaa ||	My own occupation is to work to praise the Lord.	ਪ੍ਰਭੂ ਦੀ ਸਿਫ਼ਤ-ਸਾਲਾਹ ਕਰਨੀ ਹੀ ਮੇਰੀ ਆਪਣੀ ਨਿੱਤ ਦੀ ਕਾਰ ਬਣ ਗਈ ਹੈ।

56900	1331	ਅੰਤਰਿ ਰਵਤੌ ਰਾਜ ਰਵਿੰਦਾ॥੨॥	ਰ-ਵਿੰਦਾ	Anthar Ravatha Raaj Ravindhaa ||2||	Deep within, I dwell on the Lord of the sun and the moon. ||2||	(ਸਾਰੇ ਜਗਤ ਵਿਚ) ਪ੍ਰਕਾਸ਼ ਕਰਨ ਵਾਲਾ ਪ੍ਰਭੂ ਮੇਰੇ ਹਿਰਦੇ ਵਿਚ ਹਰ ਵੇਲੇ ਹੁਲਾਰੇ ਦੇ ਰਿਹਾ ਹੈ ॥੨॥
56901	1331	ਪ੍ਰਿਉ ਪ੍ਰਿਉ ਪ੍ਰੀਤਿ ਪ੍ਰੇਮਿ ਉਰ ਧਾਰੀ॥		Prio Prio Preeth Praem Our Dhhaaree ||	I have lovingly enshrined the love of my Beloved within my heart.	ਪ੍ਰਭੂ ਦੇ ਪ੍ਰੇਮ ਵਿਚ (ਜੁੜ ਕੇ) ਮੈਂ ਉਸ ਪਿਆਰੇ ਨੂੰ ਨਿਤ ਪੁਕਾਰਦਾ ਹਾਂ, ਉਸ ਦੀ ਪ੍ਰੀਤ ਮੈਂ ਆਪਣੇ ਹਿਰਦੇ ਵਿਚ ਟਿਕਾਂਦਾ ਹਾਂ।
56902	1331	ਦੀਨਾ ਨਾਥੁ ਪੀਉ ਬਨਵਾਰੀ॥		Dheenaa Naathh Peeo Banavaaree ||	My Husband Lord, the Lord of the World, is the Master of the meek and the poor.	(ਮੈਨੂੰ ਯਕੀਨ ਬਣ ਗਿਆ ਹੈ ਕਿ) ਉਹ ਦੀਨਾਂ ਦਾ ਨਾਥ ਹੈ, ਉਹ ਸਭ ਦਾ ਪਤੀ ਹੈ; ਉਹ ਜਗਤ ਦਾ ਮਾਲਕ ਹੈ।
56903	1331	ਅਨ ਦਿਨੁ ਨਾਮੁ ਦਾਨੁ ਬ੍ਰਤਕਾਰੀ॥		Anadhin Naam Dhaan Brathakaaree ||	Night and day, the Naam is my giving in charity and fasting.	ਹਰ ਰੋਜ਼ (ਹਰ ਵੇਲੇ) ਉਸ ਦਾ ਨਾਮ ਸਿਮਰਨਾ ਤੇ ਹੋਰਨਾਂ ਨੂੰ ਸਿਮਰਨ ਲਈ ਪ੍ਰੇਰਨਾ-ਇਹ ਨੇਮ ਮੈਂ ਸਦਾ ਨਿਬਾਹ ਰਿਹਾ ਹਾਂ।
56904	1331	ਤ੍ਰਿਪਤਿ ਤਰੰਗ ਤਤੁ ਬੀਚਾਰੀ॥੩॥		Thripath Tharang Thath Beechaaree ||3||	The waves have subsided, contemplating the essence of reality. ||3||	ਜਿਉਂ ਜਿਉਂ ਮੈਂ ਜਗਤ ਦੇ ਮੂਲ ਪ੍ਰਭੂ (ਦੇ ਗੁਣਾਂ) ਨੂੰ ਵਿਚਾਰਦਾ ਹਾਂ; ਮਾਇਆ ਦੇ ਮੋਹ ਦੀਆਂ ਲਹਿਰਾਂ ਵਲੋਂ ਮੈਂ ਤ੍ਰਿਪਤ ਹੁੰਦਾ ਜਾ ਰਿਹਾ ਹਾਂ ॥੩॥
56905	1331	ਅਕਥੌ ਕਥਉ ਕਿਆ ਮੈ ਜੋਰੁ॥	ਅ-ਕਥੌ: ਪੋਲਾ ਬੋਲੋ	Akathha Kathho Kiaa Mai Jor ||	What power do I have to speak the Unspoken?	ਹੇ ਪ੍ਰਭੂ! ਤੇਰੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ। ਮੇਰੀ ਕੀਹ ਤਾਕਤ ਹੈ ਕਿ ਮੈਂ ਤੇਰੇ ਗੁਣ ਬਿਆਨ ਕਰਾਂ?

56906	1331	ਭਗਤਿ ਕਰੀ ਕਰਾਇਹਿ ਮੋਰ॥		Bhagath Karee Karaaeihi Mor ||	I worship You with devotion; You inspire me to do so.	ਜਦੋਂ ਤੂੰ ਮੈਥੋਂ ਆਪਣੀ ਭਗਤੀ ਕਰਾਂਦਾ ਹੈਂ ਤਦੋਂ ਹੀ ਮੈਂ ਕਰ ਸਕਦਾ ਹਾਂ।
56907	1331	ਅੰਤਰਿ ਵਸੈ ਚੂਕੈ ਮੈ ਮੋਰ॥		Anthar Vasai Chookai Mai Mor ||	You dwell deep within; my egotism is dispelled.	ਜਦੋਂ ਤੇਰਾ ਨਾਮ ਮੇਰੇ ਅੰਦਰ ਆ ਵੱਸਦਾ ਹੈ ਤਾਂ (ਮੇਰੇ ਅੰਦਰੋਂ) 'ਮੈਂ ਮੇਰੀ' ਮੁੱਕ ਜਾਂਦੀ ਹੈ (ਹਉਮੈ ਤੇ ਮਮਤਾ ਦੋਵੇਂ ਨਾਸ ਹੋ ਜਾਂਦੀਆਂ ਹਨ)।
56908	1331	ਕਿਸੁ ਸੇਵੀ ਦੂਜਾ ਨਹੀ ਹੋਰੁ॥੪॥		Kis Saevee Dhoojaa Nehee Hor ||4||	So whom should I serve? There is no other than You. ||4||	ਤੈਥੋਂ ਬਿਨਾ ਮੈਂ ਕਿਸੇ ਹੋਰ ਦੀ ਭਗਤੀ ਨਹੀਂ ਕਰ ਸਕਦਾ, ਮੈਨੂੰ ਤੇਰੇ ਵਰਗਾ ਕੋਈ ਹੋਰ ਦਿੱਸਦਾ ਹੀ ਨਹੀਂ ॥੪॥
56909	1331	ਗੁਰ ਕਾ ਸਬਦੁ ਮਹਾ ਰਸੁ ਮੀਠਾ॥		Gur Kaa Sabadh Mehaa Ras Meethaa ||	The Word of the Guru's Shabad is utterly sweet and sublime.	(ਹੇ ਪ੍ਰਭੂ! ਤੇਰੀ ਮੇਹਰ ਨਾਲ) ਤੇਰਾ ਨਾਮ-ਅੰਮ੍ਰਿਤ ਮੇਰੇ ਅੰਦਰ ਅਜੇਹਾ ਪਰਗਟ ਹੋ ਗਿਆ ਹੈ ਕਿ ਗੁਰੂ ਦਾ ਸ਼ਬਦ (ਜਿਸ ਦੀ ਰਾਹੀਂ ਤੇਰਾ ਨਾਮ-ਅੰਮ੍ਰਿਤ ਮਿਲਦਾ ਹੈ) ਮੈਨੂੰ ਮਿੱਠਾ ਲੱਗ ਰਿਹਾ ਹੈ,
56910	1331	ਐਸਾ ਅੰਮ੍ਰਿਤੁ ਅੰਤਰਿ ਡੀਠਾ॥		Aisaa Anmrith Anthar Ddeethaa ||	Such is the Ambrosial Nectar I see deep within.	ਮੈਨੂੰ ਹੋਰ ਸਾਰੇ ਰਸਾਂ ਨਾਲੋਂ ਸ਼ਿਰੋਮਣੀ ਰਸ ਜਾਪ ਰਿਹਾ ਹੈ।
56911	1331	ਜਿਨਿ ਚਾਖਿਆ ਪੂਰਾ ਪਦੁ ਹੋਇ॥		Jin Chaakhiaa Pooraa Padh Hoe ||	Those who taste this, attain the state of perfection.	ਜਿਸ ਮਨੁੱਖ ਨੇ ਪ੍ਰਭੂ ਦਾ ਨਾਮ-ਰਸ ਚੱਖਿਆ ਹੈ ਉਸ ਨੂੰ ਪੂਰਨ ਆਤਮਕ ਅਵਸਥਾ ਦਾ ਦਰਜਾ ਮਿਲ ਜਾਂਦਾ ਹੈ,

56912	1331	ਨਾਨਕ ਧ੍ਰਾਪਿਓ ਤਨਿ ਸੁਖੁ ਹੋਇ॥੫॥੧੪॥		Naanak Dhhraapiou Than Sukh Hoe ||5||14||	O Nanak, they are satisfied, and their bodies are at peace. ||5||14||	ਹੇ ਨਾਨਕ! ਉਹ ਦੁਨੀਆ ਦੇ ਪਦਾਰਥਾਂ ਵਲੋਂ ਰੱਜ ਜਾਂਦਾ ਹੈ, ਉਸ ਦੇ ਹਿਰਦੇ ਵਿਚ ਆਤਮਕ ਸੁਖ ਬਣਿਆ ਰਹਿੰਦਾ ਹੈ ॥੫॥੧੪॥
56913	1331	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	
56914	1331	ਅੰਤਰਿ ਦੇਖਿ ਸਬਦਿ ਮਨੁ ਮਾਨਿਆ ਅਵਰੁ ਨ ਰਾਂਗਨਹਾਰਾ॥		Anthar Dhaekh Sabadh Man Maaniaa Avar N Raanganehaaraa ||	Deep within, I see the Shabad, the Word of God; my mind is pleased and appeased. Nothing else can touch and imbue me.	(ਜੀਵਾਂ ਦੇ ਮਨਾਂ ਉਤੇ ਪ੍ਰੇਮ ਦਾ) ਰੰਗ ਚਾੜ੍ਹਨ ਵਾਲਾ (ਪ੍ਰੇਮ ਦੇ ਸੋਮੇ ਪਰਮਾਤਮਾ ਤੋਂ ਬਿਨਾ) ਕੋਈ ਹੋਰ ਨਹੀਂ ਹੈ, (ਉਸੇ ਦੀ ਮੇਹਰ ਨਾਲ) ਗੁਰੂ ਦੇ ਸ਼ਬਦ ਵਿਚ ਜੁੜ ਕੇ ਪ੍ਰਭੂ ਨੂੰ ਆਪਣੇ ਹਿਰਦੇ ਵਿਚ (ਵੱਸਦਾ) ਵੇਖ ਕੇ ਜੀਵ ਦਾ ਮਨ ਉਸ ਦੇ ਪ੍ਰੇਮ-ਰੰਗ ਨੂੰ ਕਬੂਲ ਕਰ ਲੈਂਦਾ ਹੈ।
56915	1331	ਅਹਿ ਨਿਸਿ ਜੀਆ ਦੇਖਿ ਸਮਾਲੇ ਤਿਸ ਹੀ ਕੀ ਸਰਕਾਰਾ॥੧॥		Ahinis Jeeaa Dhaekh Samaalae This Hee Kee Sarakaaraa ||1||	Day and night, God watches over and cares for His beings and creatures; He is the Ruler of all. ||1||	(ਪ੍ਰੇਮ ਦਾ ਸੋਮਾ) ਪ੍ਰਭੂ ਦਿਨ ਰਾਤ ਗਹੁ ਨਾਲ ਜੀਵਾਂ ਦੀ ਸੰਭਾਲ ਕਰਦਾ ਹੈ, ਉਸੇ ਦੀ ਹੀ ਸਾਰੀ ਸ੍ਰਿਸ਼ਟੀ ਵਿਚ ਬਾਦਸ਼ਾਹੀ ਹੈ (ਪ੍ਰੇਮ ਦੀ ਦਾਤ ਉਸ ਦੇ ਆਪਣੇ ਹੀ ਹੱਥ ਵਿਚ ਹੈ) ॥੧॥
56916	1331	ਮੇਰਾ ਪ੍ਰਭੁ ਰਾਂਗਿ ਘਣੋ ਅਤਿ ਰੂੜੋ॥		Maeraa Prabh Raang Ghana Ath Roorra ||	My God is dyed in the most beautiful and glorious color.	ਮੇਰਾ ਪ੍ਰਭੂ ਬੜੇ ਗੂੜ੍ਹੇ ਪ੍ਰੇਮ-ਰੰਗ ਵਾਲਾ ਹੈ ਬੜਾ ਸੋਹਣਾ ਹੈ,

56917	1331	ਦੀਨ ਦਇਆਲੁ ਪ੍ਰੀਤਮ ਮਨਮੋਹਨੁ ਅਤਿ ਰਸ ਲਾਲ ਸਗੂੜੋ॥੧॥ਰਹਾਉ॥	(ਸਗੂੜੋ) ਗਾੜ੍ਹਾ	Dheen Dhaeiaal Preetham Manamohan Ath Ras Laal Sagoorra ||1|| Rehaao ||	Merciful to the meek and the poor, my Beloved is the Enticer of the mind; He is so very sweet, imbued with the deep crimson color of His Love. ||1||Pause||	ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਸਭ ਦਾ ਪਿਆਰਾ ਹੈ, ਸਭ ਦੇ ਮਨ ਨੂੰ ਮੋਹਣ ਵਾਲਾ ਹੈ, ਪ੍ਰੇਮ ਦਾ ਸੋਮਾ ਹੈ, ਪ੍ਰੇਮ ਦੇ ਗੂੜ੍ਹੇ ਲਾਲ ਰੰਗ ਵਿਚ ਰੰਗਿਆ ਹੋਇਆ ਹੈ ॥੧॥ ਰਹਾਉ ॥
56918	1331	ਊਪਰਿ ਕੂਪੁ ਗਗਨ ਪਨਿਹਾਰੀ ਅੰਮ੍ਰਿਤੁ ਪੀਵਣਹਾਰਾ॥		Oopar Koop Gagan Panihaaree Anmrith Peevanehaaraa ||	The Well is high up in the Tenth Gate; the Ambrosial Nectar flows, and I drink it in.	ਨਾਮ-ਅੰਮ੍ਰਿਤ ਦਾ ਸੋਮਾ ਪਰਮਾਤਮਾ ਸਭ ਤੋਂ ਉੱਚਾ ਹੈ; ਉੱਚੀ ਬ੍ਰਿਤੀ ਵਾਲਾ ਜੀਵ ਹੀ (ਉਸ ਦੀ ਮੇਹਰ ਨਾਲ) ਨਾਮ-ਅੰਮ੍ਰਿਤ ਪੀ ਸਕਦਾ ਹੈ।
56919	1331	ਜਿਸ ਕੀ ਰਚਨਾ ਸੋ ਬਿਧਿ ਜਾਣੈ ਗੁਰਮੁਖਿ ਗਿਆਨੁ ਵੀਚਾਰਾ॥੨॥		Jis Kee Rachanaa So Bidhh Jaanai Guramukh Giaan Veechaaraa ||2||	The creation is His; He alone knows its ways and means. The Gurmukh contemplates spiritual wisdom. ||2||	ਨਾਮ-ਅੰਮ੍ਰਿਤ ਪਿਲਾਣ ਦਾ ਤਰੀਕਾ (ਭੀ) ਉਹ ਪਰਮਾਤਮਾ ਆਪ ਹੀ ਜਾਣਦਾ ਹੈ ਜਿਸ ਦੀ ਰਚੀ ਹੋਈ ਇਹ ਸ੍ਰਿਸ਼ਟੀ ਹੈ। (ਉਸ ਤਰੀਕੇ ਅਨੁਸਾਰ ਪ੍ਰਭੂ ਦੀ ਮੇਹਰ ਨਾਲ) ਜੀਵ ਗੁਰੂ ਦੀ ਸਰਨ ਪੈ ਕੇ ਪ੍ਰਭੂ ਨਾਲ ਡੂੰਘੀ ਸਾਂਝ ਪਾਂਦਾ ਹੈ ਤੇ ਉਸ ਦੇ ਗੁਣਾਂ ਦੀ ਵਿਚਾਰ ਕਰਦਾ ਹੈ ॥੨॥

56920	1332	ਪਸਰੀ ਕਿਰਣਿ ਰਸਿ ਕਮਲ ਬਿਗਾਸੇ ਸਸਿ ਘਰਿ ਸੂਰੁ ਸਮਾਇਆ॥		Pasaree Kiran Ras Kamal Bigaasae Sas Ghar Soor Samaaeiaa ||	The rays of light spread out, and the heart-lotus joyfully blossoms forth; the sun enters into the house of the moon.	ਜਿਵੇਂ ਸੂਰਜ ਦੀਆਂ ਕਿਰਨਾਂ ਖਿਲਰਿਆਂ ਕੌਲ ਫੁਲ ਖਿੜ ਪੈਂਦੇ ਹਨ ਤਿਵੇਂ ਪ੍ਰਭੂ ਦੀ ਜੋਤਿ-ਕਿਰਨ ਦਾ ਪ੍ਰਕਾਸ਼ ਹੋਇਆਂ ਮਨੁੱਖ ਦਾ ਮਨ ਨਾਮ-ਅੰਮ੍ਰਿਤ ਦੇ ਰਸ ਨਾਲ ਖਿੜ ਪੈਂਦਾ ਹੈ (ਮਨ ਸ਼ਾਂਤ ਅਵਸਥਾ ਪ੍ਰਾਪਤ ਕਰ ਲੈਂਦਾ ਹੈ, ਤੇ ਉਸ) ਸ਼ਾਂਤ ਅਵਸਥਾ ਵਿਚ ਮਨੁੱਖ ਦਾ ਤਾਮਸੀ ਸੁਭਾਉ ਸਮਾ ਜਾਂਦਾ ਹੈ।
56921	1332	ਕਾਲੁ ਬਿਧੁੰਸਿ ਮਨਸਾ ਮਨਿ ਮਾਰੀ ਗੁਰ ਪ੍ਰਸਾਦਿ ਪ੍ਰਭੁ ਪਾਇਆ॥੩॥	(ਬਿਧੁੰਸਿ) ਨਾਸ	Kaal Bidhhuns Manasaa Man Maaree Gur Prasaadh Prabh Paaeiaa ||3||	I have conquered death; the desires of the mind are destroyed. By Guru's Grace, I have found God. ||3||	ਮਨੁੱਖ ਮੌਤ ਦੇ ਡਰ ਨੂੰ ਮੁਕਾ ਕੇ ਮਾਇਕ ਫੁਰਨੇ ਆਪਣੇ ਮਨ ਵਿਚ ਹੀ ਮਾਰ ਦੇਂਦਾ ਹੈ, ਤੇ ਗੁਰੂ ਦੀ ਮੇਹਰ ਨਾਲ ਪਰਮਾਤਮਾ ਨੂੰ (ਆਪਣੇ ਅੰਦਰ ਹੀ) ਲੱਭ ਲੈਂਦਾ ਹੈ ॥੩॥
56922	1332	ਅਤਿ ਰਸਿ ਰੰਗਿ ਚਲੂਲੈ ਰਾਤੀ ਦੂਜਾ ਰੰਗੁ ਨ ਕੋਈ॥		Ath Ras Rang Chaloolai Raathee Dhoojaa Rang N Koee ||	I am dyed in the deep crimson color of His Love. I am not colored by any other color.	ਜਿਨ੍ਹਾਂ ਮਨੁੱਖਾਂ ਦੀ ਜੀਭ ਪ੍ਰੇਮ ਦੇ ਸੋਮੇ ਪ੍ਰਭੂ ਵਿਚ ਪ੍ਰਭੂ ਦੇ ਗੂੜ੍ਹੇ ਪਿਆਰ-ਰੰਗ ਵਿਚ ਰੰਗੀ ਜਾਂਦੀ ਹੈ, ਉਹਨਾਂ ਨੂੰ ਮਾਇਆ ਦੇ ਮੋਹ ਦਾ ਰੰਗ ਪੋਹ ਨਹੀਂ ਸਕਦਾ।

56923	1332	ਨਾਨਕ ਰਸਨਿ ਰਸਾਏ ਰਾਤੇ ਰਵਿ ਰਹਿਆ ਪ੍ਰਭੁ ਸੋਈ॥੪॥੧੫॥		Naanak Rasan Rasaaeae Raathae Rav Rehiaa Prabh Soee ||4||15||	O Nanak, my tongue is saturated with the taste of God, who is permeating and pervading everywhere. ||4||15||	ਹੇ ਨਾਨਕ! ਜਿਨ੍ਹਾਂ ਨੇ ਜੀਭ ਨੂੰ ਨਾਮ-ਰਸ ਨਾਲ ਰਸਾਇਆ ਹੈ, ਉਹ ਪ੍ਰਭੂ-ਪ੍ਰੇਮ ਵਿਚ ਰੱਤੇ ਗਏ ਹਨ, ਉਹਨਾਂ ਨੂੰ ਪਰਮਾਤਮਾ ਹਰ ਥਾਂ ਵਿਆਪਕ ਦਿੱਸਦਾ ਹੈ ॥੪॥੧੫॥
56924	1332	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	
56925	1332	ਬਾਰਹ ਮਹਿ ਰਾਵਲ ਖਪਿ ਜਾਵਹਿ ਚਹੁ ਛਿਅ ਮਹਿ ਸੰਨਿਆਸੀ॥		Baareh Mehi Raaval Khap Jaavehi Chahu Shhia Mehi Sanniaasee ||	The Yogis are divided into twelve schools, the Sannyaasees into ten.	ਪਰਮਾਤਮਾ ਦੀ ਸਿਫ਼ਤ-ਸਾਲਾਹ ਤੋਂ ਖੁੰਝ ਕੇ ਬਾਰਾਂ ਹੀ ਫ਼ਿਰਕਿਆਂ ਵਿਚ ਦੇ ਜੋਗੀ ਅਤੇ ਦਸਾਂ ਹੀ ਫ਼ਿਰਕਿਆਂ ਵਿਚ ਦੇ ਸੰਨਿਆਸੀ ਖਪਦੇ ਫਿਰਦੇ ਹਨ।
56926	1332	ਜੋਗੀ ਕਾਪੜੀਆ ਸਿਰਖੂਥੇ ਬਿਨੁ ਸਬਦੈ ਗਲਿ ਫਾਸੀ॥੧॥		Jogee Kaaparreeaa Sirakhoothhae Bin Sabadhai Gal Faasee ||1||	The Yogis and those wearing religious robes, and the Jains with their all hair plucked out - without the Word of the Shabad, the noose is around their necks. ||1||	ਟਾਕੀਆਂ ਦੀ ਗੋਦੜੀ ਪਹਿਨਣ ਵਾਲੇ ਜੋਗੀ ਅਤੇ ਸਿਰ ਦੇ ਵਾਲਾਂ ਨੂੰ ਜੜ੍ਹਾਂ ਤੋਂ ਹੀ ਪੁਟਾਣ ਵਾਲੇ ਢੂੰਢੀਏ ਜੈਨੀ ਭੀ (ਖ਼ੁਆਰ ਹੀ ਹੁੰਦੇ ਰਹਿੰਦੇ ਹਨ)। ਗੁਰੂ ਦੇ ਸ਼ਬਦ ਤੋਂ ਬਿਨਾ ਇਹਨਾਂ ਸਭਨਾਂ ਦੇ ਗਲ ਵਿਚ (ਮਾਇਆ ਦੇ ਮੋਹ ਦੀ) ਫਾਹੀ ਪਈ ਰਹਿੰਦੀ ਹੈ ॥੧॥

56927	1332	ਸਬਦਿ ਰਤੇ ਪੂਰੇ ਬੈਰਾਗੀ॥		Sabadh Rathae Poorae Bairaagee ||	Those who are imbued with the Shabad are the perfectly detached renunciates.	ਜੇਹੜੇ ਮਨੁੱਖ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਵਿਚ ਰੰਗੇ ਰਹਿੰਦੇ ਹਨ, ਉਹ (ਮਾਇਆ ਦੇ ਮੋਹ ਤੋਂ) ਪੂਰੇ ਤੌਰ ਤੇ ਉਪਰਾਮ ਰਹਿੰਦੇ ਹਨ।
56928	1332	ਅਉ ਹਠਿ ਹਸਤ ਮਹਿ ਭੀਖਿਆ ਜਾਚੀ ਏਕ ਭਾਇ ਲਿਵ ਲਾਗੀ॥੧॥ਰਹਾਉ॥	ਹਠਿ: ਪੋਲਾ ਬੋਲੋ	Aouhath Hasath Mehi Bheekhiaa Jaachee Eaek Bhaae Liv Laagee ||1|| Rehaao ||	They beg to receive charity in the hands of their hearts, embracing love and affection for the One. ||1||Pause||	ਉਹਨਾਂ ਨੇ ਆਪਣੇ ਹਿਰਦੇ ਵਿਚ ਟਿਕੇ ਪਰਮਾਤਮਾ (ਦੇ ਚਰਨਾਂ) ਵਿਚ (ਜੁੜ ਕੇ ਸਦਾ ਉਸ ਦੇ ਨਾਮ ਦੀ) ਭਿੱਛਿਆ ਮੰਗੀ ਹੈ, ਉਹਨਾਂ ਦੀ ਸੁਰਤ ਸਿਰਫ਼ ਪਰਮਾਤਮਾ ਦੇ ਪਿਆਰ ਵਿਚ ਟਿਕੀ ਰਹਿੰਦੀ ਹੈ ॥੧॥ ਰਹਾਉ ॥
56929	1332	ਬ੍ਰਹਮਣ ਵਾਦੁ ਪੜਹਿ ਕਰਿ ਕਿਰਿਆ ਕਰਣੀ ਕਰਮ ਕਰਾਏ॥		Brehaman Vaadh Parrehi Kar Kiriaa Karanee Karam Karaaeae ||	The Brahmins study and argue about the scriptures; they perform ceremonial rituals, and lead others in these rituals.	ਬ੍ਰਾਹਮਣ ਉੱਚੇ ਆਚਰਨ (ਤੇ ਜ਼ੋਰ ਦੇਣ ਦੇ ਥਾਂ) ਕਰਮ ਕਾਂਡ ਕਰਾਂਦਾ ਹੈ, ਇਹ ਕਰਮ ਕਾਂਡ ਕਰ ਕੇ (ਇਸੇ ਦੇ ਆਧਾਰ ਤੇ ਸ਼ਾਸਤ੍ਰਾਂ ਵਿਚੋਂ) ਚਰਚਾ ਪੜ੍ਹਦੇ ਹਨ।
56930	1332	ਬਿਨੁ ਬੂਝੇ ਕਿਛੁ ਸੂਝੈ ਨਾਹੀ ਮਨਮੁਖੁ ਵਿਛੁੜਿ ਦੁਖੁ ਪਾਏ॥੨॥		Bin Boojhae Kishh Soojhai Naahee Manamukh Vishhurr Dhukh Paaeae ||2||	Without true understanding, those self-willed manmukhs understand nothing. Separated from God, they suffer in pain. ||2||	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਪਰਮਾਤਮਾ ਦੀ ਯਾਦ ਤੋਂ ਖੁੰਝ ਕੇ ਆਤਮਕ ਦੁੱਖ ਸਹਾਰਦਾ ਹੈ, ਕਿਉਂਕਿ (ਗੁਰੂ ਦੇ ਸ਼ਬਦ ਨੂੰ) ਨਾਹ ਸਮਝਣ ਦੇ ਕਾਰਨ ਇਸ ਨੂੰ ਜੀਵਨ ਦਾ ਸਹੀ ਰਸਤਾ ਸੁੱਝਦਾ ਨਹੀਂ ਹੈ ॥੨॥

56931	1332	ਸਬਦਿ ਮਿਲੇ ਸੇ ਸੂਚਾਚਾਰੀ ਸਾਚੀ ਦਰਗਹ ਮਾਨੇ॥	(ਸੂਚਾਚਾਰੀ) ਪਵਿੱਤ੍ਰ ਆਚਾਰ ਵਾਲੇ	Sabadh Milae Sae Soochaachaaree Saachee Dharageh Maanae ||	Those who receive the Shabad are sanctified and pure; they are approved in the True Court.	ਪਵਿਤ੍ਰ ਕਰਤੱਬ ਵਾਲੇ ਸਿਰਫ਼ ਉਹ ਬੰਦੇ ਹਨ ਜੋ (ਮਨੋਂ) ਗੁਰੂ ਦੇ ਸ਼ਬਦ ਵਿਚ ਜੁੜੇ ਹੋਏ ਹਨ, ਪਰਮਾਤਮਾ ਦੀ ਸਦਾ ਕਾਇਮ ਰਹਿਣ ਵਾਲੀ ਦਰਗਾਹ ਵਿਚ ਉਹਨਾਂ ਨੂੰ ਆਦਰ ਮਿਲਦਾ ਹੈ।
56932	1332	ਅਨ ਦਿਨੁ ਨਾਮਿ ਰਤਨਿ ਲਿਵ ਲਾਗੇ ਜੁਗਿ ਜੁਗਿ ਸਾਚਿ ਸਮਾਨੇ॥੩॥		Anadhin Naam Rathan Liv Laagae Jug Jug Saach Samaanae ||3||	Night and day, they remain lovingly attuned to the Naam; throughout the ages, they are merged in the True One. ||3||	ਉਹਨਾਂ ਦੀ ਲਿਵ ਹਰ ਰੋਜ਼ ਪ੍ਰਭੂ ਦੇ ਸ੍ਰੇਸ਼ਟ ਨਾਮ ਵਿਚ ਲਗੀ ਰਹਿੰਦੀ ਹੈ, ਉਹ ਸਦਾ ਹੀ ਸਦਾ-ਥਿਰ (ਦੀ ਯਾਦ) ਵਿਚ ਲੀਨ ਰਹਿੰਦੇ ਹਨ ॥੩॥
56933	1332	ਸਗਲੇ ਕਰਮ ਧਰਮ ਸੁਚਿ ਸੰਜਮ ਜਪ ਤਪ ਤੀਰਥ ਸਬਦਿ ਵਸੇ॥		Sagalae Karam Dhharam Such Sanjam Jap Thap Theerathh Sabadh Vasae ||	Good deeds, righteousness and Dharmic faith, purification, austere self-discipline, chanting, intense meditation and pilgrimages to sacred shrines - all these abide in the Shabad.	(ਮੁੱਕਦੀ ਗੱਲ,) ਕਰਮ ਕਾਂਡ ਦੇ ਸਾਰੇ ਧਰਮ, (ਬਾਹਰਲੀ) ਸੁੱਚ, (ਬਾਹਰਲੇ) ਸੰਜਮ, ਜਪ ਤਪ ਤੇ ਤੀਰਥ-ਇਸ਼ਨਾਨ-ਇਹ ਸਾਰੇ ਹੀ ਗੁਰੂ ਦੇ ਸ਼ਬਦ ਵਿਚ ਵੱਸਦੇ ਹਨ (ਭਾਵ, ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਵਿਚ ਜੁੜਨ ਵਾਲੇ ਨੂੰ ਇਹਨਾਂ ਕਰਮਾਂ ਧਰਮਾਂ ਦੀ ਲੋੜ ਨਹੀਂ ਰਹਿ ਜਾਂਦੀ)।
56934	1332	ਨਾਨਕ ਸਤਿਗੁਰ ਮਿਲੈ ਮਿਲਾਇਆ ਦੂਖ ਪਰਾਛਤ ਕਾਲ ਨਸੇ॥੪॥੧੬॥	ਨੱਸੇ	Naanak Sathigur Milai Milaaeiaa Dhookh Paraashhath Kaal Nasae ||4||16||	O Nanak, united in union with the True Guru, suffering, sin and death run away. ||4||16||	ਹੇ ਨਾਨਕ! ਜੇਹੜਾ ਮਨੁੱਖ ਪ੍ਰਭੂ ਦੀ ਮੇਹਰ ਨਾਲ ਗੁਰੂ ਨੂੰ ਮਿਲ ਪੈਂਦਾ ਹੈ (ਗੁਰੂ ਦੀ ਸਰਨ ਆ ਜਾਂਦਾ ਹੈ) ਉਸ ਦੇ ਸਾਰੇ ਦੁੱਖ-ਕਲੇਸ਼, ਪਾਪ ਤੇ ਮੌਤ ਆਦਿਕ ਦੇ ਡਰ ਦੂਰ ਹੋ ਜਾਂਦੇ ਹਨ ॥੪॥੧੬॥

56935	1332	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	
56936	1332	ਸੰਤਾ ਕੀ ਰੇਨੁ ਸਾਧ ਜਨ ਸੰਗਤਿ ਹਰਿ ਕੀਰਤਿ ਤਰੁ ਤਾਰੀ॥		Santhaa Kee Raen Saadhh Jan Sangath Har Keerath Thar Thaaree ||	The dust of the feet of the Saints, the Company of the Holy, and the Praises of the Lord carry us across to the other side.	(ਹੇ ਮੇਰੇ ਮਨ!) ਸੰਤ ਜਨਾਂ ਦੀ ਚਰਨ-ਧੂੜ (ਆਪਣੇ ਮੱਥੇ ਤੇ ਲਾ), ਸਾਧ ਜਨਾਂ ਦੀ ਸੰਗਤ ਕਰ, (ਸਤਸੰਗ ਵਿਚ) ਪਰਮਾਤਮਾ ਦੀ ਸਿਫ਼ਤ-ਸਾਲਾਹ ਕਰ (ਸੰਸਾਰ ਸਮੁੰਦਰ ਦੀਆਂ ਲਹਿਰਾਂ ਵਿਚੋਂ ਪਾਰ ਲੰਘਣ ਲਈ ਇਹ) ਤਾਰੀ ਲਾ।
56937	1332	ਕਹਾ ਕਰੈ ਬਪੁਰਾ ਜਮੁ ਡਰਪੈ ਗੁਰਮੁਖਿ ਰਿਦੈ ਮੁਰਾਰੀ॥੧॥		Kehaa Karai Bapuraa Jam Ddarapai Guramukh Ridhai Muraaree ||1||	What can the wretched, terrified Messenger of Death do to the Gurmukhs? The Lord abides in their hearts. ||1||	ਗੁਰੂ ਦੀ ਸਰਨ ਪੈ ਕੇ (ਜਿਸ ਮਨੁੱਖ ਦੇ) ਹਿਰਦੇ ਵਿਚ ਪਰਮਾਤਮਾ (ਆ ਵੱਸਦਾ) ਹੈ, ਵਿਚਾਰਾ ਜਮਰਾਜ (ਭੀ) ਉਸਦਾ ਕੁਝ ਵਿਗਾੜ ਨਹੀਂ ਸਕਦਾ, ਸਗੋਂ ਜਮਰਾਜ (ਉਸ ਪਾਸੋਂ) ਡਰਦਾ ਹੈ ॥੧॥
56938	1332	ਜਲਿ ਜਾਉ ਜੀਵਨੁ ਨਾਮ ਬਿਨਾ॥		Jal Jaao Jeevan Naam Binaa ||	Without the Naam, the Name of the Lord, life might just as well be burnt down.	ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ (ਮਨੁੱਖ ਦਾ) ਜੀਵਨ (ਵਿਕਾਰਾਂ ਦੀ ਅੱਗ ਵਿਚ ਸੜਦਾ ਹੈ ਤਾਂ) ਪਿਆ ਸੜੇ (ਸਿਮਰਨ ਤੋਂ ਬਿਨਾ ਕੋਈ ਹੋਰ ਉੱਦਮ ਇਸ ਨੂੰ ਸੜਨ ਤੋਂ ਬਚਾ ਨਹੀਂ ਸਕਦਾ)।

56939	1332	ਹਰਿ ਜਪਿ ਜਾਪੁ ਜਪਉ ਜਪਮਾਲੀ ਗੁਰਮੁਖਿ ਆਵੈ ਸਾਦੁ ਮਨਾ॥੧॥ਰਹਾਉ॥		Har Jap Jaap Japo Japamaalee Guramukh Aavai Saadh Manaa ||1|| Rehaao ||	The Gurmukh chants and meditates on the Lord, chanting the chant on the mala; the Flavor of the Lord comes into the mind. ||1||Pause||	(ਇਸ ਵਾਸਤੇ) ਹੇ (ਮੇਰੇ) ਮਨ! ਮੈਂ ਪਰਮਾਤਮਾ ਦਾ ਨਾਮ ਜਪ ਕੇ ਜਪਦਾ ਹਾਂ (ਭਾਵ, ਮੁੜ ਮੁੜ ਪਰਮਾਤਮਾ ਦਾ ਨਾਮ ਹੀ ਜਪਦਾ ਹਾਂ), ਮੈਂ ਪਰਮਾਤਮਾ ਦੇ ਜਾਪ ਨੂੰ ਹੀ ਮਾਲਾ (ਬਣਾ ਲਿਆ ਹੈ)। ਗੁਰੂ ਦੀ ਸਰਨ ਪੈ ਕੇ (ਜਪਿਆਂ ਇਸ ਜਾਪ ਦਾ) ਆਨੰਦ ਆਉਂਦਾ ਹੈ ॥੧॥ ਰਹਾਉ ॥
56940	1332	ਗੁਰ ਉਪਦੇਸ ਸਾਚੁ ਸੁਖੁ ਜਾ ਕਉ ਕਿਆ ਤਿਸੁ ਉਪਮਾ ਕਹੀਐ॥		Gur Oupadhaes Saach Sukh Jaa Ko Kiaa This Oupamaa Keheeai ||	Those who follow the Guru's Teachings find true peace - how can I even describe the glory of such a person?	ਜਿਸ ਮਨੁੱਖ ਨੂੰ ਸਤਿਗੁਰੂ ਦੇ ਉਪਦੇਸ਼ ਦਾ ਸਦਾ ਕਾਇਮ ਰਹਿਣ ਵਾਲਾ ਆਤਮਕ ਆਨੰਦ ਆ ਜਾਂਦਾ ਹੈ, ਉਸ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ।
56941	1332	ਲਾਲ ਜਵੇਹਰ ਰਤਨ ਪਦਾਰਥ ਖੋਜਤ ਗੁਰਮੁਖਿ ਲਹੀਐ॥੨॥		Laal Javaehar Rathan Padhaarathh Khojath Guramukh Leheeai ||2||	The Gurmukh seeks and finds the gems and jewels, diamonds, rubies and treasures. ||2||	ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ (ਗੁਰੂ ਦੇ ਉਪਦੇਸ਼ ਵਿਚੋਂ) ਖੋਜਦਾ ਖੋਜਦਾ ਲਾਲ ਹੀਰੇ ਰਤਨ (ਆਦਿਕ ਪਦਾਰਥਾਂ ਵਰਗੇ ਕੀਮਤੀ ਆਤਮਕ ਗੁਣ) ਹਾਸਲ ਕਰ ਲੈਂਦਾ ਹੈ ॥੨॥

56942	1332	ਚੀਨੈ ਗਿਆਨੁ ਧਿਆਨੁ ਧਨੁ ਸਾਚੌ ਏਕ ਸਬਦਿ ਲਿਵ ਲਾਵੈ॥		Cheenai Giaan Dhhiaan Dhhan Saacha Eaek Sabadh Liv Laavai ||	So center yourself on the treasures of spiritual wisdom and meditation; remain lovingly attuned to the One True Lord, and the Word of His Shabad.	ਜੇਹੜਾ ਮਨੁੱਖ ਇਕ (ਪ੍ਰਭੂ ਦੀ ਸਿਫ਼ਤ) ਦੇ ਸ਼ਬਦ ਵਿਚ ਸੁਰਤ ਜੋੜਦਾ ਹੈ ਉਹ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਸਮਝ ਲੈਂਦਾ ਹੈ, ਪਰਮਾਤਮਾ ਵਿਚ ਜੁੜੀ ਸੁਰਤ ਉਸ ਦਾ ਸਦਾ-ਥਿਰ ਧਨ ਬਣ ਜਾਂਦਾ ਹੈ।
56943	1332	ਨਿਰਾਲੰਬੁ ਨਿਰਹਾਰੁ ਨਿਹਕੇਵਲੁ ਨਿਰਭਉ ਤਾੜੀ ਲਾਵੈ॥੩॥		Niraalanb Nirehaar Nihakaeval Nirabho Thaarree Laavai ||3||	Remain absorbed in the Primal State of the Fearless, Immaculate, Independent, Self-sufficient Lord. ||3||	ਉਹ ਮਨੁੱਖ ਆਪਣੀ ਸੁਰਤ ਵਿਚ ਉਸ ਪਰਮਾਤਮਾ ਨੂੰ ਟਿਕਾ ਲੈਂਦਾ ਹੈ ਜਿਸ ਨੂੰ ਕਿਸੇ ਹੋਰ ਆਸਰੇ ਦੀ ਲੋੜ ਨਹੀਂ ਜਿਸ ਨੂੰ ਕਿਸੇ ਖ਼ੁਰਾਕ ਦੀ ਲੋੜ ਨਹੀਂ ਜਿਸ ਨੂੰ ਕੋਈ ਵਾਸਨਾ ਪੋਹ ਨਹੀਂ ਸਕਦੀ ॥੩॥

56944	1332	ਸਾਇਰ ਸਪਤ ਭਰੇ ਜਲ ਨਿਰਮਲਿ ਉਲਟੀ ਨਾਵ ਤਰਾਵੈ॥		Saaeir Sapath Bharae Jal Niramal Oulattee Naav Tharaavai ||	The seven seas are overflowing with the Immaculate Water; the inverted boat floats across.	(ਪੰਜੇ ਗਿਆਨ-ਇੰਦ੍ਰੇ, ਮਨ ਅਤੇ ਬੱਧ ਇਹ ਸੱਤੇ ਹੀ ਮਾਨੋ, ਚਸ਼ਮੇ ਹਨ ਜਿਨ੍ਹਾਂ ਤੋਂ ਹਰੇਕ ਇਨਸਾਨ ਨੂੰ ਆਤਮਕ ਜੀਵਨ ਦੀ ਪ੍ਰਫੁੱਲਤਾ ਵਾਸਤੇ ਚੰਗੀ ਮੰਦੀ ਪ੍ਰੇਰਨਾ ਦਾ ਪਾਣੀ ਮਿਲਦਾ ਰਹਿੰਦਾ ਹੈ) ਜਿਸ ਮਨੁੱਖ ਦੇ ਇਹ ਸੱਤੇ ਹੀ ਸਰੋਵਰ ਨਾਮ-ਸਿਮਰਨ ਦੇ ਪਵਿਤ੍ਰ ਜਲ ਨਾਲ ਭਰੇ ਰਹਿੰਦੇ ਹਨ (ਉਸ ਨੂੰ ਇਹਨਾਂ ਤੋਂ ਪਵਿੱਤ੍ਰ ਪ੍ਰੇਰਨਾ ਦਾ ਜਲ ਮਿਲਦਾ ਹੈ ਤੇ) ਉਹ ਵਿਕਾਰਾਂ ਵਲੋਂ ਉਲਟਾ ਕੇ ਆਪਣੀ ਜਿੰਦਗੀ ਦੀ ਬੇੜੀ ਨਾਮ-ਜਲ ਵਿਚ ਤਰਾਂਦਾ ਹੈ।
56945	1332	ਬਾਹਰਿ ਜਾਤੌ ਠਾਕਿ ਰਹਾਵੈ ਗੁਰਮੁਖਿ ਸਹਜਿ ਸਮਾਵੈ॥੪॥	(ਜੱਾਤੌ) ਕਸਕੇ	Baahar Jaatha Thaak Rehaavai Guramukh Sehaj Samaavai ||4||	The mind which wandered in external distractions is restrained and held in check; the Gurmukh is intuitively absorbed in God. ||4||	(ਨਾਮ ਦੀ ਬਰਕਤਿ ਨਾਲ) ਉਹ ਬਾਹਰ ਭਟਕਦੇ ਮਨ ਨੂੰ ਰੋਕ ਰੱਖਦਾ ਹੈ, ਤੇ ਗੁਰੂ ਦੀ ਸਰਨ ਪੈ ਕੇ ਅਡੋਲ ਅਵਸਥਾ ਵਿਚ ਲੀਨ ਰਹਿੰਦਾ ਹੈ ॥੪॥

56946	1332	ਸੋ ਗਿਰਹੀ ਸੋ ਦਾਸੁ ਉਦਾਸੀ ਜਿਨਿ ਗੁਰਮੁਖਿ ਆਪੁ ਪਛਾਨਿਆ॥		So Girehee So Dhaas Oudhaasee Jin Guramukh Aap Pashhaaniaa ||	He is a householder, he is a renunciate and God's slave, who, as Gurmukh, realizes his own self.	(ਜੇ ਮਨ ਵਿਕਾਰਾਂ ਵਲ ਭਟਕਦਾ ਹੀ ਰਹੇ ਤਾਂ ਗ੍ਰਿਹਸਤੀ ਜਾਂ ਵਿਰਕਤ ਅਖਵਾਣ ਵਿਚ ਕੋਈ ਫ਼ਰਕ ਨਹੀਂ ਪੈਂਦਾ) ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਆਪਣੇ ਆਪ ਨੂੰ ਪਛਾਣ ਲਿਆ ਹੈ ਉਹੀ (ਅਸਲ) ਗ੍ਰਿਹਸਤੀ ਹੈ ਤੇ ਉਹੀ (ਪ੍ਰਭੂ ਦਾ) ਸੇਵਕ ਵਿਰਕਤ ਹੈ।
56947	1332	ਨਾਨਕੁ ਕਹੈ ਅਵਰੁ ਨਹੀ ਦੂਜਾ ਸਾਚ ਸਬਦਿ ਮਨੁ ਮਾਨਿਆ॥੫॥੧੭॥		Naanak Kehai Avar Nehee Dhoojaa Saach Sabadh Man Maaniaa ||5||17||	Says Nanak, his mind is pleased and appeased by the True Word of the Shabad; there is no other at all. ||5||17||	ਨਾਨਕ ਆਖਦਾ ਹੈ ਜਿਸ ਮਨੁੱਖ ਦਾ ਮਨ ਸਦਾ-ਥਿਰ ਰਹਿਣ ਵਾਸਤੇ ਪਰਮਾਤਮਾ (ਦੀ ਸਿਫ਼ਤ-ਸਾਲਾਹ) ਦੇ ਸ਼ਬਦ ਵਿਚ ਗਿੱਝ ਜਾਂਦਾ ਹੈ, ਉਸ ਨੂੰ ਪ੍ਰਭੂ ਤੋਂ ਬਿਨਾ (ਕਿਤੇ ਭੀ) ਕੋਈ ਹੋਰ ਦੂਜਾ ਨਹੀਂ ਦਿੱਸਦਾ ॥੫॥੧੭॥
56948	1332	ਰਾਗੁ ਪ੍ਰਭਾਤੀ ਮਹਲਾ ੩ ਚਉਪਦੇ		Raag Prabhaathee Mehalaa 3 Choupadhae	Raag Prabhaatee, Third Mehl, Chau-Padas:	ਰਾਗ ਪ੍ਰਭਾਤੀ ਵਿੱਚ ਗੁਰੂ ਅਮਰਦਾਸ ਜੀ ਦੀ ਚਾਰ-ਬੰਦਾਂ ਵਾਲੀ ਬਾਣੀ।
56949	1332	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

56950	1332	ਗੁਰਮੁਖਿ ਵਿਰਲਾ ਕੋਈ ਬੂਝੈ ਸਬਦੇ ਰਹਿਆ ਸਮਾਈ॥		Guramukh Viralaa Koee Boojhai Sabadhae Rehiaa Samaaee ||	Those who become Gurmukh and understand are very rare; God is permeating and pervading through the Word of His Shabad.	ਕੋਈ ਵਿਰਲਾ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਗੁਰੂ ਦੇ ਸ਼ਬਦ ਦੀ ਰਾਹੀਂ (ਇਹ) ਸਮਝ ਲੈਂਦਾ ਹੈ ਕਿ ਪਰਮਾਤਮਾ ਸਭ ਥਾਈਂ ਵਿਆਪਕ ਹੈ।
56951	1332	ਨਾਮਿ ਰਤੇ ਸਦਾ ਸੁਖੁ ਪਾਵੈ ਸਾਚਿ ਰਹੈ ਲਿਵ ਲਾਈ॥੧॥		Naam Rathae Sadhaa Sukh Paavai Saach Rehai Liv Laaee ||1||	Those who are imbued with the Naam, the Name of the Lord, find everlasting peace; they remain lovingly attuned to the True One. ||1||	ਪਰਮਾਤਮਾ ਦੇ ਨਾਮ ਵਿਚ ਰੱਤਾ ਰਹਿ ਕੇ (ਮਨੁੱਖ) ਸਦਾ ਆਤਮਕ ਆਨੰਦ ਮਾਣਦਾ ਹੈ, ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਸੁਰਤ ਜੋੜੀ ਰੱਖਦਾ ਹੈ ॥੧॥
56952	1333	ਹਰਿ ਹਰਿ ਨਾਮੁ ਜਪਹੁ ਜਨ ਭਾਈ॥		Har Har Naam Japahu Jan Bhaaee ||	Chant the Name of the Lord, Har, Har, O Siblings of Destiny.	ਹੇ ਭਾਈ ਜਨੋ! ਸਦਾ ਪਰਮਾਤਮਾ ਦਾ ਨਾਮ ਜਪਿਆ ਕਰੋ।
56953	1333	ਗੁਰ ਪ੍ਰਸਾਦਿ ਮਨੁ ਅਸਥਿਰੁ ਹੋਵੈ ਅਨ ਦਿਨੁ ਹਰਿ ਰਸਿ ਰਹਿਆ ਅਘਾਈ॥੧॥ਰਹਾਉ ॥		Gur Prasaadh Man Asathhir Hovai Anadhin Har Ras Rehiaa Aghaaee ||1|| Rehaao ||	By Guru's Grace, the mind becomes steady and stable; night and day, it remains satisfied with the Sublime Essence of the Lord. ||1||Pause||	(ਨਾਮ ਜਪਣ ਦੀ ਰਾਹੀਂ) ਗੁਰੂ ਦੀ ਕਿਰਪਾ ਨਾਲ (ਮਨੁੱਖ ਦਾ) ਮਨ (ਮਾਇਆ ਦੇ ਹੱਲਿਆਂ ਦੇ ਟਾਕਰੇ ਤੇ) ਅਡੋਲ ਰਹਿੰਦਾ ਹੈ। ਹਰਿ-ਨਾਮ ਦੇ ਸੁਆਦ ਦੀ ਬਰਕਤਿ ਨਾਲ (ਮਨੁੱਖ) ਹਰ ਵੇਲੇ (ਮਾਇਆ ਦੇ ਲਾਲਚ ਵਲੋਂ) ਰੱਜਿਆ ਰਹਿੰਦਾ ਹੈ ॥੧॥ ਰਹਾਉ ॥

56954	1333	ਅਨਦਿਨੁ ਭਗਤਿ ਕਰਹੁ ਦਿਨੁ ਰਾਤੀ ਇਸੁ ਜੁਗ ਕਾ ਲਾਹਾ ਭਾਈ॥		Anadhin Bhagath Karahu Dhin Raathee Eis Jug Kaa Laahaa Bhaaee ||	Night and day, perform devotional worship service to the Lord, day and night; this is the profit to be obtained in this Dark Age of Kali Yuga, O Siblings of Destiny.	ਹੇ ਭਾਈ! ਦਿਨ ਰਾਤ ਹਰ ਵੇਲੇ ਪਰਮਾਤਮਾ ਦੀ ਭਗਤੀ ਕਰਦੇ ਰਹੋ। ਇਹੀ ਹੈ ਇਸ ਮਨੁੱਖਾ ਜੀਵਨ ਦਾ ਲਾਭ।
56955	1333	ਸਦਾ ਜਨ ਨਿਰਮਲ ਮੈਲੁ ਨ ਲਾਗੈ ਸਚਿ ਨਾਮਿ ਚਿਤੁ ਲਾਈ॥੨॥		Sadhaa Jan Niramal Mail N Laagai Sach Naam Chith Laaee ||2||	The humble beings are forever immaculate; no filth ever sticks to them. They focus their consciousness on the True Name. ||2||	(ਭਗਤੀ ਕਰਨ ਵਾਲੇ) ਮਨੁੱਖ ਸਦਾ ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ। ਜਿਹੜਾ ਮਨੁੱਖ ਸਦਾ-ਥਿਰ ਹਰਿ-ਨਾਮ ਵਿਚ ਚਿੱਤ ਜੋੜਦਾ ਹੈ (ਉਸ ਦੇ ਮਨ ਨੂੰ ਵਿਕਾਰਾਂ ਦੀ) ਮੈਲ ਨਹੀਂ ਲੱਗਦੀ ॥੨॥
56956	1333	ਸੁਖੁ ਸੀਗਾਰੁ ਸਤਿਗੁਰੂ ਦਿਖਾਇਆ ਨਾਮਿ ਵਡੀ ਵਡਿਆਈ॥		Sukh Seegaar Sathiguroo Dhikhaaeiaa Naam Vaddee Vaddiaaee ||	The True Guru has revealed the ornamentation of peace; the Glorious Greatness of the Naam is Great!	ਆਤਮਕ ਆਨੰਦ (ਮਨੁੱਖਾ ਜੀਵਨ ਵਾਸਤੇ ਇਕ) ਗਹਿਣਾ ਹੈ। (ਜਿਸ ਮਨੁੱਖ ਨੂੰ) ਗੁਰੂ ਨੇ (ਇਹ ਗਹਿਣਾ) ਵਿਖਾ ਦਿੱਤਾ, ਉਸ ਨੇ ਹਰਿ-ਨਾਮ ਵਿਚ ਜੁੜ ਕੇ (ਲੋਕ ਪਰਲੋਕ ਦੀ) ਇੱਜ਼ਤ ਖੱਟ ਲਈ।

56957	1333	ਅਖੁਟ ਭੰਡਾਰ ਭਰੇ ਕਦੇ ਤੋਟਿ ਨ ਆਵੈ ਸਦਾ ਹਰਿ ਸੇਵਹੁ ਭਾਈ॥੩॥		Akhutt Bhanddaar Bharae Kadhae Thott N Aavai Sadhaa Har Saevahu Bhaaee ||3||	The Inexhaustible Treasures are overflowing; they are never exhausted. So serve the Lord forever, O Siblings of Destiny. ||3||	ਹੇ ਭਾਈ! ਸਦਾ ਪ੍ਰਭੂ ਦੀ ਸੇਵਾ-ਭਗਤੀ ਕਰਦੇ ਰਹੋ (ਸਦਾ ਭਗਤੀ ਕਰਦੇ ਰਿਹਾਂ ਇਹ) ਕਦੇ ਨਾਹ ਮੁੱਕਣ ਵਾਲੇ ਖ਼ਜ਼ਾਨੇ (ਮਨੁੱਖ ਦੇ ਅੰਦਰ) ਭਰੇ ਰਹਿੰਦੇ ਹਨ, (ਇਹਨਾਂ ਖ਼ਜ਼ਾਨਿਆਂ ਵਿਚ) ਕਦੇ ਕਮੀ ਨਹੀਂ ਹੁੰਦੀ ॥੩॥
56958	1333	ਆਪੇ ਕਰਤਾ ਜਿਸ ਨੋ ਦੇਵੈ ਤਿਸੁ ਵਸੈ ਮਨਿ ਆਈ॥		Aapae Karathaa Jis No Dhaevai This Vasai Man Aaee ||	The Creator comes to abide in the minds of those whom He Himself has blessed.	ਪਰ, ਇਹ ਨਾਮ-ਖ਼ਜ਼ਾਨਾ ਜਿਸ ਮਨੁੱਖ ਨੂੰ ਕਰਤਾਰ ਆਪ ਹੀ ਦੇਂਦਾ ਹੈ, ਉਸ ਦੇ ਮਨ ਵਿਚ ਆ ਵੱਸਦਾ ਹੈ।
56959	1333	ਨਾਨਕ ਨਾਮੁ ਧਿਆਇ ਸਦਾ ਤੂ ਸਤਿਗੁਰਿ ਦੀਆ ਦਿਖਾਈ॥੪॥੧॥		Naanak Naam Dhhiaae Sadhaa Thoo Sathigur Dheeaa Dhikhaaee ||4||1||	O Nanak, meditate forever on the Naam, which the True Guru has revealed. ||4||1||	ਹੇ ਨਾਨਕ! ਤੂੰ ਸਦਾ ਹਰਿ-ਨਾਮ ਸਿਮਰਦਾ ਰਹੁ। (ਭਗਤੀ-ਸਿਮਰਨ ਦਾ ਇਹ ਰਸਤਾ) ਗੁਰੂ ਨੇ (ਹੀ) ਵਿਖਾਇਆ ਹੈ (ਇਹ ਰਸਤਾ ਗੁਰੂ ਦੀ ਰਾਹੀਂ ਹੀ ਲੱਭਦਾ ਹੈ) ॥੪॥੧॥
56960	1333	ਪ੍ਰਭਾਤੀ ਮਹਲਾ ੩॥		Prabhaathee Mehalaa 3 ||	Prabhaatee, Third Mehl:	

56961	1333	ਨਿਰਗੁਣੀਆਰੇ ਕਉ ਬਖਸਿ ਲੈ ਸੁਆਮੀ ਆਪੇ ਲੈਹੁ ਮਿਲਾਈ॥		Niraguneeaarae Ko Bakhas Lai Suaamee Aapae Laihu Milaaee ||	I am unworthy; please forgive me and bless me, O my Lord and Master, and unite me with Yourself.	ਹੇ ਮੇਰੇ ਸੁਆਮੀ! (ਮੈਂ) ਗੁਣ-ਹੀਨ ਨੂੰ ਬਖ਼ਸ਼ ਲੈ, ਤੂੰ ਆਪ ਹੀ (ਮੈਨੂੰ ਆਪਣੇ) ਚਰਨਾਂ ਵਿਚ ਜੋੜੀ ਰੱਖ।
56962	1333	ਤੂ ਬਿਅੰਤੁ ਤੇਰਾ ਅੰਤੁ ਨ ਪਾਇਆ ਸਬਦੇ ਦੇਹੁ ਬੁਝਾਈ॥੧॥		Thoo Bianth Thaeraa Anth N Paaeiaa Sabadhae Dhaehu Bujhaaee ||1||	You are Endless; no one can find Your limits. Through the Word of Your Shabad, You bestow understanding. ||1||	ਤੂੰ ਬੇਅੰਤ ਹੈਂ, ਤੇਰੇ ਗੁਣਾਂ ਦਾ ਕਿਸੇ ਨੇ ਅੰਤ ਨਹੀਂ ਪਾਇਆ। (ਹੇ ਸੁਆਮੀ! ਗੁਰੂ ਦੇ) ਸ਼ਬਦ ਵਿਚ (ਜੋੜ ਕੇ) ਮੈਨੂੰ (ਆਤਮਕ ਜੀਵਨ ਦੀ) ਸੂਝ ਬਖ਼ਸ਼ ॥੧॥
56963	1333	ਹਰਿ ਜੀਉ ਤੁਧੁ ਵਿਟਹੁ ਬਲਿ ਜਾਈ॥		Har Jeeo Thudhh Vittahu Bal Jaaee ||	O Dear Lord, I am a sacrifice to You.	ਹੇ ਪ੍ਰਭੂ ਜੀ! ਮੈਂ ਤੈਥੋਂ ਸਦਕੇ ਜਾਂਦਾ ਹਾਂ।
56964	1333	ਤਨੁ ਮਨੁ ਅਰਪੀ ਤੁਧੁ ਆਗੈ ਰਾਖਉ ਸਦਾ ਰਹਾਂ ਸਰਣਾਈ॥੧॥ਰਹਾਉ ॥		Than Man Arapee Thudhh Aagai Raakho Sadhaa Rehaan Saranaaee ||1|| Rehaao ||	I dedicate my mind and body and place them in offering before You; I shall remain in Your Sanctuary forever. ||1||Pause||	ਮੈਂ (ਆਪਣਾ) ਤਨ (ਆਪਣਾ) ਮਨ ਭੇਟ ਕਰਦਾ ਹਾਂ, ਤੇਰੇ ਅੱਗੇ ਰੱਖਦਾ ਹਾਂ (ਮਿਹਰ ਕਰ,) ਮੈਂ ਸਦਾ ਤੇਰੀ ਸਰਨ ਪਿਆ ਰਹਾਂ ॥੧॥ ਰਹਾਉ ॥

56965	1333	ਆਪਣੇ ਭਾਣੇ ਵਿਚਿ ਸਦਾ ਰਖੁ ਸੁਆਮੀ ਹਰਿ ਨਾਮੋ ਦੇਹਿ ਵਡਿਆਈ॥		Aapanae Bhaanae Vich Sadhaa Rakh Suaamee Har Naamo Dhaehi Vaddiaaee ||	Please keep me forever under Your Will, O my Lord and Master; please bless me with the Glorious Greatness of Your Name.	ਹੇ ਮੇਰੇ ਸੁਆਮੀ! ਮੈਨੂੰ ਸਦਾ ਆਪਣੀ ਰਜ਼ਾ ਵਿਚ ਰੱਖ, ਮੈਨੂੰ ਆਪਣਾ ਨਾਮ ਹੀ ਦੇਹ (ਇਹ ਹੀ ਮੇਰੇ ਵਾਸਤੇ) ਇੱਜ਼ਤ (ਹੈ)।
56966	1333	ਪੂਰੇ ਗੁਰ ਤੇ ਭਾਣਾ ਜਾਪੈ ਅਨ ਦਿਨੁ ਸਹਜਿ ਸਮਾਈ॥੨॥		Poorae Gur Thae Bhaanaa Jaapai Anadhin Sehaj Samaaee ||2||	Through the Perfect Guru, God's Will is revealed; night and day, remain absorbed in peace and poise. ||2||	ਪੂਰੇ ਗੁਰੂ ਪਾਸੋਂ (ਪਰਮਾਤਮਾ ਦੀ) ਰਜ਼ਾ ਦੀ ਸਮਝ ਆਉਂਦੀ ਹੈ, ਅਤੇ ਹਰ ਵੇਲੇ ਆਤਮਕ ਅਡੋਲਤਾ ਵਿਚ ਲੀਨਤਾ ਹੋ ਸਕਦੀ ਹੈ ॥੨॥
56967	1333	ਤੇਰੈ ਭਾਣੈ ਭਗਤਿ ਜੇ ਤੁਧੁ ਭਾਵੈ ਆਪੇ ਬਖਸਿ ਮਿਲਾਈ॥	ਆਪ ਜੀ ਦੇ ਭਾਣੇ ਚਲਣ ਵਾਲੇ ਭਗਤ, ਆਪ ਜੀ ਨੂੰ ਭਾਉਂਦੇ ਜੇ	Thaerai Bhaanai Bhagath Jae Thudhh Bhaavai Aapae Bakhas Milaaee ||	Those devotees who accept Your Will are pleasing to You, Lord; You Yourself forgive them, and unite them with Yourself.	ਹੇ ਮੇਰੇ ਸੁਆਮੀ! ਜੇ ਤੈਨੂੰ ਚੰਗਾ ਲੱਗੇ ਤਾਂ ਤੇਰੀ ਰਜ਼ਾ ਵਿਚ ਹੀ ਤੇਰੀ ਭਗਤੀ ਹੋ ਸਕਦੀ ਹੈ, ਤੂੰ ਆਪ ਹੀ ਮਿਹਰ ਕਰ ਕੇ ਆਪਣੇ ਚਰਨਾਂ ਵਿਚ ਜੋੜਦਾ ਹੈਂ।
56968	1333	ਤੇਰੈ ਭਾਣੈ ਸਦਾ ਸੁਖੁ ਪਾਇਆ ਗੁਰਿ ਤ੍ਰਿਸਨਾ ਅਗਨਿ ਬੁਝਾਈ॥੩॥	ਬੁਝਾਈ: ਪੋਲਾ ਬੋਲੋ	Thaerai Bhaanai Sadhaa Sukh Paaeiaa Gur Thrisanaa Agan Bujhaaee ||3||	Accepting Your Will, I have found everlasting peace; the Guru has extinguished the fire of desire. ||3||	(ਜਿਸ ਮਨੁੱਖ ਦੇ ਅੰਦਰੋਂ) ਗੁਰੂ ਨੇ ਤ੍ਰਿਸ਼ਨਾ ਦੀ ਅੱਗ ਬੁਝਾ ਦਿੱਤੀ, ਉਸ ਨੇ (ਹੇ ਪ੍ਰਭੂ!) ਤੇਰੀ ਰਜ਼ਾ ਵਿਚ ਰਹਿ ਕੇ ਸਦਾ ਆਤਮਕ ਆਨੰਦ ਮਾਣਿਆ ॥੩॥

56969	1333	ਜੋ ਤੂ ਕਰਹਿ ਸੁ ਹੋਵੈ ਕਰਤੇ ਅਵਰੁ ਨ ਕਰਣਾ ਜਾਈ॥		Jo Thoo Karehi S Hovai Karathae Avar N Karanaa Jaaee ||	Whatever You do comes to pass, O Creator; nothing else can be done.	ਹੇ ਕਰਤਾਰ! (ਜਗਤ ਵਿਚ) ਉਹੀ ਕੁਝ ਹੁੰਦਾ ਹੈ ਜੋ ਤੂੰ (ਆਪ) ਕਰਦਾ ਹੈਂ (ਤੇਰੀ ਮਰਜ਼ੀ ਦੇ ਉਲਟ) ਹੋਰ ਕੁਝ ਨਹੀਂ ਕੀਤਾ ਜਾ ਸਕਦਾ।
56970	1333	ਨਾਨਕ ਨਾਵੈ ਜੇਵਡੁ ਅਵਰੁ ਨ ਦਾਤਾ ਪੂਰੇ ਗੁਰ ਤੇ ਪਾਈ॥੪॥੨॥		Naanak Naavai Jaevadd Avar N Dhaathaa Poorae Gur Thae Paaee ||4||2||	O Nanak, nothing is as great as the Blessing of the Name; it is obtained through the Perfect Guru. ||4||2||	ਹੇ ਨਾਨਕ! ਪਰਮਾਤਮਾ ਦੇ ਨਾਮ ਦੇ ਬਰਾਬਰ ਦਾ ਹੋਰ ਕੋਈ ਦਾਤਾਂ ਦੇਣ ਵਾਲਾ ਨਹੀਂ ਹੈ। ਇਹ ਨਾਮ ਗੁਰੂ ਪਾਸੋਂ (ਹੀ) ਮਿਲਦਾ ਹੈ ॥੪॥੨॥
56971	1333	ਪ੍ਰਭਾਤੀ ਮਹਲਾ ੩॥		Prabhaathee Mehalaa 3 ||	Prabhaatee, Third Mehl:	
56972	1333	ਗੁਰਮੁਖਿ ਹਰਿ ਸਾਲਾਹਿਆ ਜਿੰਨਾ ਤਿਨ ਸਲਾਹਿ ਹਰਿ ਜਾਤਾ॥		Guramukh Har Saalaahiaa Jinnaa Thin Salaahi Har Jaathaa ||	The Gurmukhs praise the Lord; praising the Lord, they know Him.	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ, ਉਹਨਾਂ ਨੇ ਹੀ ਸਿਫ਼ਤ-ਸਾਲਾਹ ਕਰਨੀ ਸਿੱਖੀ।
56973	1333	ਵਿਚਹੁ ਭਰਮੁ ਗਇਆ ਹੈ ਦੂਜਾ ਗੁਰ ਕੈ ਸਬਦਿ ਪਛਾਤਾ॥੧॥	ਗ-ਇਆ	Vichahu Bharam Gaeiaa Hai Dhoojaa Gur Kai Sabadh Pashhaathaa ||1||	Doubt and duality are gone from within; they realize the Word of the Guru's Shabad. ||1||	ਉਹਨਾਂ ਦੇ ਅੰਦਰੋਂ ਮਾਇਆ ਵਾਲੀ ਭਟਕਣਾ ਦੂਰ ਹੋ ਜਾਂਦੀ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਹ ਪਰਮਾਤਮਾ ਨਾਲ ਸਾਂਝ ਪਾ ਲੈਂਦੇ ਹਨ ॥੧॥

56974	1333	ਹਰਿ ਜੀਉ ਤੂ ਮੇਰਾ ਇਕੁ ਸੋਈ॥		Har Jeeo Thoo Maeraa Eik Soee ||	O Dear Lord, You are my One and Only.	ਹੇ ਪ੍ਰਭੂ ਜੀ! ਮੇਰੀ ਸਾਰ ਲੈਣ ਵਾਲਾ ਸਿਰਫ਼ ਇਕ ਤੂੰ ਹੀ ਹੈਂ।
56975	1333	ਤੁਧੁ ਜਪੀ ਤੁਧੈ ਸਾਲਾਹੀ ਗਤਿ ਮਤਿ ਤੁਝ ਤੇ ਹੋਈ॥੧॥ਰਹਾਉ॥		Thudhh Japee Thudhhai Saalaahee Gath Math Thujh Thae Hoee ||1|| Rehaao ||	I meditate on You and praise You; salvation and wisdom come from You. ||1||Pause||	ਮੈਂ (ਸਦਾ) ਤੈਨੂੰ (ਹੀ) ਜਪਦਾ ਹਾਂ, ਮੈਂ (ਸਦਾ) ਤੈਨੂੰ ਹੀ ਸਲਾਹੁੰਦਾ ਹਾਂ। ਉੱਚੀ ਆਤਮਕ ਅਵਸਥਾ ਤੇ ਉੱਚੀ ਅਕਲ ਤੈਥੋਂ ਹੀ ਮਿਲਦੀ ਹੈ ॥੧॥ ਰਹਾਉ ॥
56976	1333	ਗੁਰਮੁਖਿ ਸਾਲਾਹਨਿ ਸੇ ਸਾਦੁ ਪਾਇਨਿ ਮੀਠਾ ਅੰਮ੍ਰਿਤੁ ਸਾਰੁ॥		Guramukh Saalaahan Sae Saadh Paaein Meethaa Anmrith Saar ||	The Gurmukhs praise You; they receive the most excellent and sweet Ambrosial Nectar.	ਜਿਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਹਨ, ਉਹ (ਉਸ ਦਾ) ਆਨੰਦ ਮਾਣਦੇ ਹਨ। ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਉਹਨਾਂ ਨੂੰ ਮਿੱਠਾ ਲੱਗਦਾ ਹੈ (ਹੋਰ ਸਭ ਪਦਾਰਥਾਂ ਨਾਲੋਂ) ਸ੍ਰੇਸ਼ਟ ਲੱਗਦਾ ਹੈ।
56977	1333	ਸਦਾ ਮੀਠਾ ਕਦੇ ਨ ਫੀਕਾ ਗੁਰ ਸਬਦੀ ਵੀਚਾਰੁ॥੨॥		Sadhaa Meethaa Kadhae N Feekaa Gur Sabadhee Veechaar ||2||	This Nectar is forever sweet; it never loses its taste. Contemplate the Word of the Guru's Shabad. ||2||	(ਉਹ ਮਨੁੱਖ) ਗੁਰੂ ਦੇ ਸ਼ਬਦ ਦੀ ਰਾਹੀਂ (ਪਰਮਾਤਮਾ ਦੇ ਨਾਮ ਦਾ) ਵਿਚਾਰ (ਕਰਦੇ ਹਨ, ਉਸ ਦਾ ਸੁਆਦ ਉਹਨਾਂ ਨੂੰ) ਸਦਾ ਮਿੱਠਾ ਲੱਗਦਾ ਹੈ, ਕਦੇ ਬੇ-ਸੁਆਦਾ ਨਹੀਂ ਜਾਪਦਾ ॥੨॥

56978	1333	ਜਿਨਿ ਮੀਠਾ ਲਾਇਆ ਸੋਈ ਜਾਣੈ ਤਿਸੁ ਵਿਟਹੁ ਬਲਿ ਜਾਈ॥		Jin Meethaa Laaeiaa Soee Jaanai This Vittahu Bal Jaaee ||	He makes it seem so sweet to me; I am a sacrifice to Him.	ਪਰ, ਜਿਸ (ਪਰਮਾਤਮਾ) ਨੇ (ਆਪਣਾ ਨਾਮ) ਮਿੱਠਾ ਮਹਿਸੂਸ ਕਰਾਇਆ ਹੈ, ਉਹ ਆਪ ਹੀ (ਇਸ ਭੇਤ ਨੂੰ) ਜਾਣਦਾ ਹੈ। ਮੈਂ ਉਸ ਤੋਂ ਸਦਾ ਸਦਕੇ ਜਾਂਦਾ ਹਾਂ।
56979	1333	ਸਬਦਿ ਸਲਾਹੀ ਸਦਾ ਸੁਖਦਾਤਾ ਵਿਚਹੁ ਆਪੁ ਗਵਾਈ॥੩॥		Sabadh Salaahee Sadhaa Sukhadhaathaa Vichahu Aap Gavaaee ||3||	Through the Shabad, I praise the Giver of peace forever. I have eradicated self-conceit from within. ||3||	ਮੈਂ (ਗੁਰੂ ਦੇ) ਸ਼ਬਦ ਦੀ ਰਾਹੀਂ (ਆਪਣੇ) ਅੰਦਰੋਂ ਆਪਾ-ਭਾਵ ਦੂਰ ਕਰ ਕੇ ਉਸ ਸੁਖ-ਦਾਤੇ ਪਰਮਾਤਮਾ ਦੀ ਸਦਾ ਸਿਫ਼ਤ-ਸਾਲਾਹ ਕਰਦਾ ਹਾਂ ॥੩॥
56980	1333	ਸਤਿਗੁਰੁ ਮੇਰਾ ਸਦਾ ਹੈ ਦਾਤਾ ਜੋ ਇਛੈ ਸੋ ਫਲੁ ਪਾਏ॥		Sathigur Maeraa Sadhaa Hai Dhaathaa Jo Eishhai So Fal Paaeae ||	My True Guru is forever the Giver. I receive whatever fruits and rewards I desire.	ਪਿਆਰਾ ਗੁਰੂ ਸਦਾ (ਹਰੇਕ) ਦਾਤ ਦੇਣ ਵਾਲਾ ਹੈ ਜਿਹੜਾ ਮਨੁੱਖ (ਗੁਰੂ ਪਾਸੋਂ) ਮੰਗਦਾ ਹੈ, ਉਹ ਫਲ ਹਾਸਲ ਕਰ ਲੈਂਦਾ ਹੈ।
56981	1333	ਨਾਨਕ ਨਾਮੁ ਮਿਲੈ ਵਡਿਆਈ ਗੁਰ ਸਬਦੀ ਸਚੁ ਪਾਏ॥੪॥੩॥		Naanak Naam Milai Vaddiaaee Gur Sabadhee Sach Paaeae ||4||3||	O Nanak, through the Naam, glorious greatness is obtained; through the Word of the Guru's Shabad, the True One is found. ||4||3||	ਹੇ ਨਾਨਕ! (ਗੁਰੂ ਪਾਸੋਂ ਪਰਮਾਤਮਾ ਦਾ) ਨਾਮ ਮਿਲਦਾ ਹੈ (ਇਹੀ ਹੈ ਅਸਲ) ਇੱਜ਼ਤ। ਗੁਰੂ ਦੇ ਸ਼ਬਦ ਦੀ ਰਾਹੀਂ (ਮਨੁੱਖ) ਸਦਾ-ਥਿਰ ਪ੍ਰਭੂ ਨੂੰ ਮਿਲ ਪੈਂਦਾ ਹੈ ॥੪॥੩॥

56982	1333	ਪ੍ਰਭਾਤੀ ਮਹਲਾਪ ੩॥	ਮਹਲਾ ਹੇਠਾਂ ਛੋਟੇ ਅਖਰਾਂ ਚ ਪ ਦਾ ਭਾਵ, ਇਹ ਗੁਰਸਬਦ ਜੀ ਸਤਿਗੁਰੂ ਪੰਜਵੇਂ ਪਾਤਿਸ਼ਾਹ ਜੀ ਨੇ ਵੀ ਉਚਾਰੇ, ਤੀਜੇ ਪਾਤਸ਼ਾਹ ਜੀ ਦੇ ਮੁਖ ਰੱਖੇ ਹਨ	Prabhaathee Mehalaa 3 ||	Prabhaatee, Third Mehl:	
56983	1333	ਜੋ ਤੇਰੀ ਸਰਣਾਈ ਹਰਿ ਜੀਉ ਤਿਨ ਤੂ ਰਾਖਨ ਜੋਗੁ॥		Jo Thaeree Saranaaee Har Jeeo Thin Thoo Raakhan Jog ||	Those who enter Your Sanctuary, Dear Lord, are saved by Your Protective Power.	ਹੇ ਪ੍ਰਭੂ ਜੀ! ਜਿਹੜੇ ਮਨੁੱਖ ਤੇਰੀ ਸਰਨ ਆ ਪੈਂਦੇ ਹਨ, ਤੂੰ ਉਹਨਾਂ ਦੀ ਰੱਖਿਆ ਕਰਨ ਦੇ ਸਮਰੱਥ ਹੈਂ।
56984	1333	ਤੁਧੁ ਜੇਵਡੁ ਮੈ ਅਵਰੁ ਨ ਸੂਝੈ ਨਾ ਕੋ ਹੋਆ ਨ ਹੋਗੁ॥੧॥		Thudhh Jaevadd Mai Avar N Soojhai Naa Ko Hoaa N Hog ||1||	I cannot even conceive of any other as Great as You. There never was, and there never shall be. ||1||	ਹੇ ਪ੍ਰਭੂ ਜੀ! ਤੇਰੇ ਬਰਾਬਰ ਦਾ ਮੈਨੂੰ ਹੋਰ ਕੋਈ ਨਹੀਂ ਸੁੱਝਦਾ। (ਅਜੇ ਤਕ ਤੇਰੇ ਬਰਾਬਰ ਦਾ) ਨਾਹ ਕੋਈ ਹੋਇਆ ਹੈ, (ਅਤੇ ਅਗਾਂਹ ਨੂੰ) ਨਾਹ ਕੋਈ ਹੋਵੇਗਾ ॥੧॥
56985	1333	ਹਰਿ ਜੀਉ ਸਦਾ ਤੇਰੀ ਸਰਣਾਈ॥		Har Jeeo Sadhaa Thaeree Saranaaee ||	O Dear Lord, I shall remain in Your Sanctuary forever.	ਹੇ ਪ੍ਰਭੂ ਜੀ! (ਮਿਹਰ ਕਰ, ਮੈਂ) ਸਦਾ ਤੇਰੀ ਸਰਨ ਪਿਆ ਰਹਾਂ।

56986	1333	ਜਿਉ ਭਾਵੈ ਤਿਉ ਰਾਖਹੁ ਮੇਰੇ ਸੁਆਮੀ ਏਹ ਤੇਰੀ ਵਡਿਆਈ ॥੧॥ਰਹਾਉ॥		Jio Bhaavai Thio Raakhahu Maerae Suaamee Eaeh Thaeree Vaddiaaee ||1|| Rehaao ||	As it pleases You, You save me, O my Lord and Master; this is Your Glorious Greatness. ||1||Pause||	ਹੇ ਮੇਰੇ ਸੁਆਮੀ! ਜਿਵੇਂ ਤੈਨੂੰ ਭਾਵੇ (ਮੇਰੀ) ਰੱਖਿਆ ਕਰ (ਅਸਾਂ ਜੀਵਾਂ ਦੀ ਰੱਖਿਆ ਕਰ ਸਕਣਾ) ਇਹ ਤੇਰੀ ਹੀ ਸਮਰਥਾ ਹੈ ॥੧॥ ਰਹਾਉ ॥
56987	1333	ਜੋ ਤੇਰੀ ਸਰਣਾਈ ਹਰਿ ਜੀਉ ਤਿਨ ਕੀ ਕਰਹਿ ਪ੍ਰਤਿਪਾਲ॥		Jo Thaeree Saranaaee Har Jeeo Thin Kee Karehi Prathipaal ||	O Dear Lord, You cherish and sustain those who seek Your Sanctuary.	ਹੇ ਪ੍ਰਭੂ ਜੀ! ਜਿਹੜੇ ਮਨੁੱਖ ਤੇਰੀ ਸਰਨ ਆ ਪੈਂਦੇ ਹਨ, ਤੂੰ (ਆਪ) ਉਹਨਾਂ ਦੀ ਪਾਲਣਾ ਕਰਦਾ ਹੈਂ।
56988	1334	ਆਪਿ ਕ੍ਰਿਪਾ ਕਰਿ ਰਾਖਹੁ ਹਰਿ ਜੀਉ ਪੋਹਿ ਨ ਸਕੈ ਜਮਕਾਲੁ॥੨॥		Aap Kirapaa Kar Raakhahu Har Jeeo Pohi N Sakai Jamakaal ||2||	O Dear Lord, the Messenger of Death cannot even touch those whom You, in Your Mercy, protect. ||2||	ਮਿਹਰ ਕਰ ਕੇ ਤੂੰ ਆਪ ਉਹਨਾਂ ਦੀ ਰੱਖਿਆ ਕਰਦਾ ਹੈਂ, ਉਹਨਾਂ ਨੂੰ (ਫਿਰ) ਮੌਤ ਦਾ ਡਰ ਭੀ ਪੋਹ ਨਹੀਂ ਸਕਦਾ ॥੨॥
56989	1334	ਤੇਰੀ ਸਰਣਾਈ ਸਚੀ ਹਰਿ ਜੀਉ ਨਾ ਓਹ ਘਟੈ ਨ ਜਾਇ॥		Thaeree Saranaaee Sachee Har Jeeo Naa Ouh Ghattai N Jaae ||	True Is Your Sanctuary, O Dear Lord; it never diminishes or goes away.	ਹੇ ਪ੍ਰਭੂ ਜੀ! ਤੇਰੀ ਓਟ ਸਦਾ ਕਾਇਮ ਰਹਿਣ ਵਾਲੀ ਹੈ, ਨਾਹ ਉਹ ਘਟਦੀ ਹੈ ਨਾਹ ਉਹ ਖ਼ਤਮ ਹੁੰਦੀ ਹੈ।

56990	1334	ਜੋ ਹਰਿ ਛੋਡਿ ਦੂਜੈ ਭਾਇ ਲਾਗੈ ਓਹੁ ਜੰਮੈ ਤੈ ਮਰਿ ਜਾਇ॥੩॥		Jo Har Shhodd Dhoojai Bhaae Laagai Ouhu Janmai Thai Mar Jaae ||3||	Those who abandon the Lord, and become attached to the love of duality, shall continue to die and be reborn. ||3||	ਪਰ, ਜਿਹੜਾ ਮਨੁੱਖ ਪ੍ਰਭੂ (ਦੀ ਓਟ) ਛੱਡ ਕੇ ਮਾਇਆ ਦੇ ਪਿਆਰ ਵਿਚ ਲੱਗ ਪੈਂਦਾ ਹੈ, ਉਹ ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ ॥੩॥
56991	1334	ਜੋ ਤੇਰੀ ਸਰਣਾਈ ਹਰਿ ਜੀਉ ਤਿਨਾ ਦੂਖ ਭੂਖ ਕਿਛੁ ਨਾਹਿ॥		Jo Thaeree Saranaaee Har Jeeo Thinaa Dhookh Bhookh Kishh Naahi ||	Those who seek Your Sanctuary, Dear Lord, shall never suffer in pain or hunger for anything.	ਹੇ ਪ੍ਰਭੂ ਜੀ! ਜਿਹੜੇ ਮਨੁੱਖ ਤੇਰੀ ਸਰਨ ਪੈਂਦੇ ਹਨ, ਉਹਨਾਂ ਨੂੰ ਕੋਈ ਦੁੱਖ ਨਹੀਂ ਦਬਾ ਸਕਦੇ, ਉਹਨਾਂ ਨੂੰ (ਮਾਇਆ ਦੀ) ਭੁੱਖ ਨਹੀਂ ਵਿਆਪਦੀ।
56992	1334	ਨਾਨਕ ਨਾਮੁ ਸਲਾਹਿ ਸਦਾ ਤੂ ਸਚੈ ਸਬਦਿ ਸਮਾਹਿ॥੪॥੪॥		Naanak Naam Salaahi Sadhaa Thoo Sachai Sabadh Samaahi ||4||4||	O Nanak, praise the Naam, the Name of the Lord forever, and merge in the True Word of the Shabad. ||4||4||	ਹੇ ਨਾਨਕ! ਪਰਮਾਤਮਾ ਦਾ ਨਾਮ ਸਦਾ ਸਲਾਹੁੰਦਾ ਰਿਹਾ ਕਰ, ਇਸ ਤਰ੍ਹਾਂ ਤੂੰ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਵਿਚ ਲੀਨ ਰਹੇਂਗਾ ॥੪॥੪॥
56993	1334	ਪ੍ਰਭਾਤੀ ਮਹਲਾ ੩॥		Prabhaathee Mehalaa 3 ||	Prabhaatee, Third Mehl:	
56994	1334	ਗੁਰਮੁਖਿ ਹਰਿ ਜੀਉ ਸਦਾ ਧਿਆਵਹੁ ਜਬ ਲਗੁ ਜੀਅ ਪਰਾਨ॥		Guramukh Har Jeeo Sadhaa Dhhiaavahu Jab Lag Jeea Paraan ||	As Gurmukh, meditate on the Dear Lord forever, as long as there is the breath of life.	ਜਦੋਂ ਤਕ ਜਿੰਦ ਕਾਇਮ ਹੈ ਤੇ ਸੁਆਸ ਆ ਰਹੇ ਹਨ ਗੁਰੂ ਦੀ ਸਰਨ ਪੈ ਕੇ ਸਦਾ ਪਰਮਾਤਮਾ ਦਾ ਨਾਮ ਸਿਮਰਦੇ ਰਹੋ।

56995	1334	ਗੁਰ ਸਬਦੀ ਮਨੁ ਨਿਰਮਲੁ ਹੋਆ ਚੂਕਾ ਮਨਿ ਅਭਿਮਾਨੁ॥		Gur Sabadhee Man Niramal Hoaa Chookaa Man Abhimaan ||	Through the Word of the Guru's Shabad, the mind becomes immaculate, and egotistical pride is expelled from the mind.	(ਜਿਹੜਾ ਮਨੁੱਖ ਨਾਮ ਸਿਮਰਦਾ ਹੈ, ਉਸ ਦਾ) ਮਨ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਪਵਿੱਤਰ ਹੋ ਜਾਂਦਾ ਹੈ, ਉਸ ਦਾ ਮਨ ਵਿਚ (ਵੱਸਦਾ) ਅਹੰਕਾਰ ਮੁੱਕ ਜਾਂਦਾ ਹੈ।
56996	1334	ਸਫਲੁ ਜਨਮੁ ਤਿਸੁ ਪ੍ਰਾਨੀ ਕੇਰਾ ਹਰਿ ਕੈ ਨਾਮਿ ਸਮਾਨ॥੧॥		Safal Janam This Praanee Kaeraa Har Kai Naam Samaan ||1||	Fruitful and prosperous is the life of that mortal being, who is absorbed in the Name of the Lord. ||1||	ਉਸ ਮਨੁੱਖ ਦਾ ਸਾਰਾ ਜੀਵਨ ਕਾਮਯਾਬ ਹੋ ਜਾਂਦਾ ਹੈ, ਉਹ ਮਨੁੱਖ (ਸਦਾ) ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ ॥੧॥
56997	1334	ਮੇਰੇ ਮਨ ਗੁਰ ਕੀ ਸਿਖ ਸੁਣੀਜੈ॥	ਸਿੱਖ	Maerae Man Gur Kee Sikh Suneejai ||	O my mind, listen to the Teachings of the Guru.	ਹੇ ਮੇਰੇ ਮਨ! ਗੁਰੂ ਦਾ (ਇਹ) ਉਪਦੇਸ਼ (ਸਦਾ) ਸੁਣਦੇ ਰਹਿਣਾ ਚਾਹੀਦਾ ਹੈ,
56998	1334	ਹਰਿ ਕਾ ਨਾਮੁ ਸਦਾ ਸੁਖਦਾਤਾ ਸਹਜੇ ਹਰਿ ਰਸੁ ਪੀਜੈ॥੧॥ਰਹਾਉ॥		Har Kaa Naam Sadhaa Sukhadhaathaa Sehajae Har Ras Peejai ||1|| Rehaao ||	The Name of the Lord is the Giver of peace forever. With intuitive ease, drink in the Sublime Essence of the Lord. ||1||Pause||	(ਕਿ) ਪਰਮਾਤਮਾ ਦਾ ਨਾਮ ਸਦਾ ਸੁਖ ਦੇਣ ਵਾਲਾ ਹੈ (ਇਸ ਵਾਸਤੇ) ਆਤਮਕ ਅਡੋਲਤਾ ਵਿਚ (ਟਿਕ ਕੇ) ਪਰਮਾਤਮਾ ਦਾ ਨਾਮ-ਜਲ ਪੀਂਦੇ ਰਹਿਣਾ ਚਾਹੀਦਾ ਹੈ ॥੧॥ ਰਹਾਉ ॥

56999	1334	ਮੂਲੁ ਪਛਾਣਨਿ ਤਿਨ ਨਿਜ ਘਰਿ ਵਾਸਾ ਸਹਜੇ ਹੀ ਸੁਖੁ ਹੋਈ॥		Mool Pashhaanan Thin Nij Ghar Vaasaa Sehajae Hee Sukh Hoee ||	Those who understand their own origin dwell within the home of their inner being, in intuitive peace and poise.	ਜਿਹੜੇ ਮਨੁੱਖ ਜਗਤ ਦੇ ਰਚਨਹਾਰ ਨਾਲ ਸਾਂਝ ਪਾਂਦੇ ਹਨ, ਉਹਨਾਂ ਦਾ ਨਿਵਾਸ ਪ੍ਰਭੂ-ਚਰਨਾਂ ਵਿਚ ਹੋਇਆ ਰਹਿੰਦਾ ਹੈ ਸਦਾ ਆਤਮਕ ਅਡੋਲਤਾ ਵਿਚ ਟਿਕੇ ਰਹਿਣ ਦੇ ਕਾਰਨ ਉਹਨਾਂ ਨੂੰ ਆਤਮਕ ਆਨੰਦ ਮਿਲਿਆ ਰਹਿੰਦਾ ਹੈ।
57000	1334	ਗੁਰ ਕੈ ਸਬਦਿ ਕਮਲੁ ਪਰਗਾਸਿਆ ਹਉਮੈ ਦੁਰਮਤਿ ਖੋਈ॥		Gur Kai Sabadh Kamal Paragaasiaa Houmai Dhuramath Khoee ||	Through the Word of the Guru's Shabad, the heart-lotus blossoms forth, and egotism and evil-mindedness are eradicated.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਹਨਾਂ ਦਾ ਹਿਰਦਾ ਖਿੜਿਆ ਰਹਿੰਦਾ ਹੈ। (ਉਹਨਾਂ ਦੇ ਅੰਦਰੋਂ) ਹਉਮੈ ਵਾਲੀ ਖੋਟੀ ਮੱਤ ਨਾਸ ਹੋ ਜਾਂਦੀ ਹੈ।
57001	1334	ਸਭਨਾ ਮਹਿ ਏਕੋ ਸਚੁ ਵਰਤੈ ਵਿਰਲਾ ਬੂਝੈ ਕੋਈ॥੨॥	ਬੂੱਝੈ	Sabhanaa Mehi Eaeko Sach Varathai Viralaa Boojhai Koee ||2||	The One True Lord is pervading amongst all; those who realize this are very rare. ||2||	(ਉਂਞ ਤਾਂ) ਸਭ ਜੀਵਾਂ ਵਿਚ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਹੀ ਮੌਜੂਦ ਹੈ, ਪਰ ਕੋਈ ਵਿਰਲਾ ਮਨੁੱਖ (ਗੁਰੂ ਦੇ ਸ਼ਬਦ ਦੀ ਰਾਹੀਂ ਇਹ ਗੱਲ) ਸਮਝਦਾ ਹੈ ॥੨॥
57002	1334	ਗੁਰਮਤੀ ਮਨੁ ਨਿਰਮਲੁ ਹੋਆ ਅੰਮ੍ਰਿਤੁ ਤਤੁ ਵਖਾਨੈ॥		Guramathee Man Niramal Hoaa Anmrith Thath Vakhaanai ||	Through the Guru's Teachings, the mind becomes immaculate, speaking the Ambrosial Essence.	ਗੁਰੂ ਦੀ ਮੱਤ ਉਤੇ ਤੁਰ ਕੇ (ਜਿਸ ਮਨੁੱਖ ਦਾ) ਮਨ ਪਵਿੱਤਰ ਹੋ ਜਾਂਦਾ ਹੈ, ਉਹ ਮਨੁੱਖ ਜਗਤ ਦੇ ਅਸਲੇ ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਜਪਦਾ ਰਹਿੰਦਾ ਹੈ।

57003	1334	ਹਰਿ ਕਾ ਨਾਮੁ ਸਦਾ ਮਨਿ ਵਸਿਆ ਵਿਚਿ ਮਨ ਹੀ ਮਨੁ ਮਾਨੈ॥		Har Kaa Naam Sadhaa Man Vasiaa Vich Man Hee Man Maanai ||	The Name of the Lord dwells in the mind forever; within the mind, the mind is pleased and appeased.	ਪਰਮਾਤਮਾ ਦਾ ਨਾਮ ਸਦਾ ਉਸ ਦੇ ਮਨ ਵਿਚ ਟਿਕਿਆ ਰਹਿੰਦਾ ਹੈ, ਉਸ ਦਾ ਮਨ ਆਪਣੇ ਅੰਦਰੋਂ ਹੀ ਪਤੀਜਿਆ ਰਹਿੰਦਾ ਹੈ।
57004	1334	ਸਦ ਬਲਿਹਾਰੀ ਗੁਰ ਅਪੁਨੇ ਵਿਟਹੁ ਜਿਤੁ ਆਤਮ ਰਾਮੁ ਪਛਾਨੈ॥੩॥		Sadh Balihaaree Gur Apunae Vittahu Jith Aatham Raam Pashhaanai ||3||	I am forever a sacrifice to my Guru, through whom I have realized the Lord, the Supreme Soul. ||3||	ਉਹ ਮਨੁੱਖ ਸਦਾ ਆਪਣੇ ਗੁਰੂ ਤੋਂ ਸਦਕੇ ਜਾਂਦਾ ਹੈ ਜਿਸ ਦੀ ਰਾਹੀਂ ਉਹ ਪਰਮਾਤਮਾ ਨਾਲ ਸਾਂਝ ਪਾ ਲੈਂਦਾ ਹੈ ॥੩॥
57005	1334	ਮਾਨਸ ਜਨਮਿ ਸਤਿਗੁਰੂ ਨ ਸੇਵਿਆ ਬਿਰਥਾ ਜਨਮੁ ਗਵਾਇਆ॥		Maanas Janam Sathiguroo N Saeviaa Birathhaa Janam Gavaaeiaa ||	Those human beings who do not serve the True Guru - their lives are uselessly wasted.	ਜਿਸ ਮਨੁੱਖ ਨੇ ਇਸ ਮਨੁੱਖਾ ਜੀਵਨ ਵਿਚ ਗੁਰੂ ਦੀ ਸਰਨ ਨਹੀਂ ਲਈ, ਉਸ ਨੇ ਆਪਣੀ ਜ਼ਿੰਦਗੀ ਵਿਅਰਥ ਗਵਾ ਲਈ।
57006	1334	ਨਦਰਿ ਕਰੇ ਤਾਂ ਸਤਿਗੁਰੁ ਮੇਲੇ ਸਹਜੇ ਸਹਜਿ ਸਮਾਇਆ॥		Nadhar Karae Thaan Sathigur Maelae Sehajae Sehaj Samaaeiaa ||	When God bestows His Glance of Grace, then we meet the True Guru, merging in intuitive peace and poise.	(ਪਰ ਜੀਵ ਦੇ ਭੀ ਕੀਹ ਵੱਸ?) ਜਿਸ ਮਨੁੱਖ ਉਤੇ ਪਰਮਾਤਮਾ ਮਿਹਰ ਦੀ ਨਿਗਾਹ ਕਰਦਾ ਹੈ, ਉਸ ਨੂੰ ਗੁਰੂ ਮਿਲਾਂਦਾ ਹੈ, ਉਹ ਮਨੁੱਖ ਫਿਰ ਹਰ ਵੇਲੇ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ।

57007	1334	ਨਾਨਕ ਨਾਮੁ ਮਿਲੈ ਵਡਿਆਈ ਪੂਰੈ ਭਾਗਿ ਧਿਆਇਆ॥੪॥੫॥		Naanak Naam Milai Vaddiaaee Poorai Bhaag Dhhiaaeiaa ||4||5||	O Nanak, by great good fortune, the Naam is bestowed; by perfect destiny, meditate. ||4||5||	ਹੇ ਨਾਨਕ! ਜਿਸ ਮਨੁੱਖ ਨੂੰ ਨਾਮ (ਜਪਣ ਦੀ) ਵਡਿਆਈ ਮਿਲ ਜਾਂਦੀ ਹੈ, ਉਹ ਵੱਡੀ ਕਿਸਮਤ ਨਾਲ ਨਾਮ ਸਿਮਰਦਾ ਰਹਿੰਦਾ ਹੈ ॥੪॥੫॥
57008	1334	ਪ੍ਰਭਾਤੀ ਮਹਲਾ ੩॥		Prabhaathee Mehalaa 3 ||	Prabhaatee, Third Mehl:	
57009	1334	ਆਪੇ ਭਾਂਤਿ ਬਣਾਏ ਬਹੁ ਰੰਗੀ ਸਿਸਟਿ ਉਪਾਇ ਪ੍ਰਭਿ ਖੇਲੁ ਕੀਆ॥	ਰੰਗੀਂ ਖੇਲੁ	Aapae Bhaanth Banaaeae Bahu Rangee Sisatt Oupaae Prabh Khael Keeaa ||	God Himself fashioned the many forms and colors; He created the Universe and staged the play.	ਪ੍ਰਭੂ ਆਪ ਹੀ ਕਈ ਕਿਸਮਾਂ ਦੀ ਕਈ ਰੰਗਾਂ ਦੀ ਸ੍ਰਿਸ਼ਟੀ ਰਚਦਾ ਹੈ। ਸ੍ਰਿਸ਼ਟੀ ਰਚ ਕੇ ਪ੍ਰਭੂ ਨੇ ਆਪ ਹੀ ਇਹ ਜਗਤ-ਤਮਾਸ਼ਾ ਬਣਾਇਆ ਹੈ।
57010	1334	ਕਰਿ ਕਰਿ ਵੇਖੈ ਕਰੇ ਕਰਾਏ ਸਰਬ ਜੀਆ ਨੋ ਰਿਜਕੁ ਦੀਆ॥੧॥		Kar Kar Vaekhai Karae Karaaeae Sarab Jeeaa No Rijak Dheeaa ||1||	Creating the creation, He watches over it. He acts, and causes all to act; He gives sustenance to all beings. ||1||	(ਇਹ ਜਗਤ-ਤਮਾਸ਼ਾ) ਰਚ ਰਚ ਕੇ (ਆਪ ਹੀ ਇਸ ਦੀ) ਸੰਭਾਲ ਕਰਦਾ ਹੈ, (ਸਭ ਕੁਝ ਆਪ ਹੀ) ਕਰ ਰਿਹਾ ਹੈ (ਜੀਵਾਂ ਪਾਸੋਂ) ਕਰਾ ਰਿਹਾ ਹੈ। ਸਭ ਜੀਵਾਂ ਨੂੰ ਆਪ ਹੀ ਰਿਜ਼ਕ ਦੇਂਦਾ ਆ ਰਿਹਾ ਹੈ ॥੧॥
57011	1334	ਕਲੀ ਕਾਲ ਮਹਿ ਰਵਿਆ ਰਾਮੁ॥		Kalee Kaal Mehi Raviaa Raam ||	In this Dark Age of Kali Yuga, the Lord is All-pervading.	ਜਿਸ ਮਨੁੱਖ ਨੇ ਇਸ ਬਖੇੜਿਆਂ-ਭਰੇ ਜੀਵਨ-ਸਮੇ ਵਿਚ ਉਸ ਰਾਮ ਨੂੰ ਸਿਮਰਿਆ ਹੈ,

57012	1334	ਘਟਿ ਘਟਿ ਪੂਰਿ ਰਹਿਆ ਪ੍ਰਭੁ ਏਕੋ ਗੁਰਮੁਖਿ ਪਰਗਟੁ ਹਰਿ ਹਰਿ ਨਾਮੁ॥੧॥ਰਹਾਉ॥		Ghatt Ghatt Poor Rehiaa Prabh Eaeko Guramukh Paragatt Har Har Naam ||1|| Rehaao ||	The One God is pervading and permeating each and every heart; the Name of the Lord, Har, Har, is revealed to the Gurmukh. ||1||Pause||	ਜੋ ਪ੍ਰਭੂ ਹਰੇਕ ਘਟ ਵਿਚ ਵਿਆਪਕ ਹੈ, ਗੁਰੂ ਦੀ ਸਰਨ ਪੈ ਕੇ ਉਸ ਦੇ ਅੰਦਰ ਉਸ ਦਾ ਨਾਮ ਪਰਗਟ ਹੋ ਜਾਂਦਾ ਹੈ (ਅਤੇ ਝਗੜੇ-ਬਖੇੜੇ ਉਸ ਉੱਤੇ ਜ਼ੋਰ ਨਹੀਂ ਪਾ ਸਕਦੇ) ॥੧॥ ਰਹਾਉ ॥
57013	1334	ਗੁਪਤਾ ਨਾਮੁ ਵਰਤੈ ਵਿਚਿ ਕਲਜੁਗਿ ਘਟਿ ਘਟਿ ਹਰਿ ਭਰਪੂਰਿ ਰਹਿਆ॥		Gupathaa Naam Varathai Vich Kalajug Ghatt Ghatt Har Bharapoor Rehiaa ||	The Naam, the Name of the Lord, is hidden, but it is pervasive in the Dark Age. The Lord is totally pervading and permeating each and every heart.	(ਹਰੇਕ ਸਰੀਰ ਵਿਚ) ਪਰਮਾਤਮਾ ਦਾ ਨਾਮ ਗੁਪਤ ਮੌਜੂਦ ਹੈ, ਬਖੇੜਿਆਂ-ਭਰੇ ਜੀਵਨ-ਸਮੇ ਵਿਚ (ਉਹ ਆਪ ਹੀ ਸਭ ਦੇ ਅੰਦਰ ਲੁਕਿਆ ਪਿਆ ਹੈ)। ਪ੍ਰਭੂ ਹਰੇਕ ਸਰੀਰ ਵਿਚ ਵਿਆਪਕ ਹੈ।
57014	1334	ਨਾਮੁ ਰਤਨੁ ਤਿਨਾ ਹਿਰਦੈ ਪ੍ਰਗਟਿਆ ਜੋ ਗੁਰ ਸਰਣਾਈ ਭਜਿ ਪਇਆ॥੨॥	ਭੱਜਿ	Naam Rathan Thinaa Hiradhai Pragattiaa Jo Gur Saranaaee Bhaj Paeiaa ||2||	The Jewel of the Naam is revealed within the hearts of those who hurry to the Sanctuary of the Guru. ||2||	(ਫਿਰ ਭੀ ਉਸ ਦਾ) ਸ੍ਰੇਸ਼ਟ ਨਾਮ ਉਹਨਾਂ ਮਨੁੱਖਾਂ ਦੇ ਹਿਰਦੇ ਵਿਚ (ਹੀ) ਪਰਗਟ ਹੁੰਦਾ ਹੈ, ਜਿਹੜੇ ਗੁਰੂ ਦੀ ਸਰਨ ਜਾ ਪੈਂਦੇ ਹਨ ॥੨॥

57015	1334	ਇੰਦ੍ਰੀ ਪੰਚ ਪੰਚੇ ਵਸਿ ਆਣੈ ਖਿਮਾ ਸੰਤੋਖੁ ਗੁਰਮਤਿ ਪਾਵੈ॥	ਵੱਸਿ	Eindhree Panch Panchae Vas Aanai Khimaa Santhokh Guramath Paavai ||	Whoever overpowers the five sense organs, is blessed with forgiveness, patience and contentment, through the Guru's Teachings.	ਜਿਹੜਾ ਮਨੁੱਖ ਗੁਰੂ ਦੀ ਮੱਤ ਦੀ ਰਾਹੀਂ ਖਿਮਾ ਸੰਤੋਖ (ਆਦਿਕ ਗੁਣ) ਹਾਸਲ ਕਰ ਲੈਂਦਾ ਹੈ, (ਇਹ ਜੋ ਬਲਵਾਨ) ਪੰਜ ਇੰਦ੍ਰੇ ਹਨ ਇਹਨਾਂ ਪੰਜਾਂ ਨੂੰ ਆਪਣੇ ਵੱਸ ਵਿਚ ਲੈ ਆਉਂਦਾ ਹੈ,
57016	1334	ਸੋ ਧਨੁ ਧਨੁ ਹਰਿ ਜਨੁ ਵਡ ਪੂਰਾ ਜੋ ਭੈ ਬੈਰਾਗਿ ਹਰਿ ਗੁਣ ਗਾਵੈ॥੩॥		So Dhhan Dhhan Har Jan Vadd Pooraa Jo Bhai Bairaag Har Gun Gaavai ||3||	Blessed, blessed, perfect and great is that humble servant of the Lord, who is inspired by the Fear of God and detached love, to sing the Glorious Praises of the Lord. ||3||	ਜਿਹੜਾ ਮਨੁੱਖ ਡਰ-ਅਦਬ ਵਿਚ ਰਹਿ ਕੇ ਵੈਰਾਗ ਨਾਲ ਪਰਮਾਤਮਾ ਦੇ ਗੁਣ ਗਾਂਦਾ ਹੈ, ਉਹ ਮਨੁੱਖ ਭਾਗਾਂ ਵਾਲਾ ਹੈ, ਉਹ ਮਨੁੱਖ ਵੱਡਾ ਹੈ ਗੁਣਾਂ ਵਿਚ ਪੂਰਨ ਹੈ ॥੩॥
57017	1334	ਗੁਰ ਤੇ ਮੁਹੁ ਫੇਰੇ ਜੇ ਕੋਈ ਗੁਰ ਕਾ ਕਹਿਆ ਨ ਚਿਤਿ ਧਰੈ॥		Gur Thae Muhu Faerae Jae Koee Gur Kaa Kehiaa N Chith Dhharai ||	If someone turns his face away from the Guru, and does not enshrine the Guru's Words in his consciousness	ਪਰ, ਜੇ ਕੋਈ ਮਨੁੱਖ ਗੁਰੂ ਵਲੋਂ ਮੂੰਹ ਪਰਤਾਈ ਰੱਖਦਾ ਹੈ, ਗੁਰੂ ਦਾ ਬਚਨ ਆਪਣੇ ਮਨ ਵਿਚ ਨਹੀਂ ਵਸਾਂਦਾ,

57018	1334	ਕਰਿ ਆਚਾਰ ਬਹੁ ਸੰਪਉ ਸੰਚੈ ਜੋ ਕਿਛੁ ਕਰੈ ਸੁ ਨਰਕਿ ਪਰੈ॥੪॥		Kar Aachaar Bahu Sanpo Sanchai Jo Kishh Karai S Narak Parai ||4||	- he may perform all sorts of rituals and accumulate wealth, but in the end, he will fall into hell. ||4||	(ਉਂਞ ਤੀਰਥ-ਜਾਤ੍ਰਾ ਆਦਿਕ ਮਿਥੇ ਹੋਏ) ਧਾਰਮਿਕ ਕਰਮ ਕਰ ਕੇ ਬਹੁਤ ਧਨ ਭੀ ਇਕੱਠਾ ਕਰ ਲੈਂਦਾ ਹੈ, (ਫਿਰ ਭੀ) ਉਹ ਜੋ ਕੁਝ ਕਰਦਾ ਹੈ (ਉਹ ਕਰਦਿਆਂ) ਨਰਕ ਵਿਚ ਹੀ ਪਿਆ ਰਹਿੰਦਾ ਹੈ (ਸਦਾ ਦੁੱਖੀ ਹੀ ਰਹਿੰਦਾ ਹੈ) ॥੪॥
57019	1334	ਏਕੋ ਸਬਦੁ ਏਕੋ ਪ੍ਰਭੁ ਵਰਤੈ ਸਭ ਏਕਸੁ ਤੇ ਉਤਪਤਿ ਚਲੈ॥	ਚੱਲੈ	Eaeko Sabadh Eaeko Prabh Varathai Sabh Eaekas Thae Outhapath Chalai ||	The One Shabad, the Word of the One God, is prevailing everywhere. All the creation came from the One Lord.	(ਜੀਵਾਂ ਦੇ ਭੀ ਕੀਹ ਵੱਸ?) ਇਕ ਪਰਮਾਤਮਾ ਹੀ (ਸਾਰੇ ਜਗਤ ਵਿਚ) ਮੌਜੂਦ ਹੈ, (ਪਰਮਾਤਮਾ ਦਾ ਹੀ) ਹੁਕਮ ਚੱਲ ਰਿਹਾ ਹੈ। ਇਕ ਪਰਮਾਤਮਾ ਤੋਂ ਹੀ ਸਾਰੀ ਸ੍ਰਿਸ਼ਟੀ ਦੀ ਕਾਰ ਚੱਲ ਰਹੀ ਹੈ।
57020	1334	ਨਾਨਕ ਗੁਰਮੁਖਿ ਮੇਲਿ ਮਿਲਾਏ ਗੁਰਮੁਖਿ ਹਰਿ ਹਰਿ ਜਾਇ ਰਲੈ॥੫॥੬॥		Naanak Guramukh Mael Milaaeae Guramukh Har Har Jaae Ralai ||5||6||	O Nanak, the Gurmukh is united in union. When the Gurmukh goes, he blends into the Lord, Har, Har. ||5||6||	ਹੇ ਨਾਨਕ! ਗੁਰੂ ਦੀ ਸਰਨ ਪਾ ਕੇ ਪ੍ਰਭੂ ਆਪ ਹੀ ਜਿਸ ਜੀਵ ਨੂੰ ਆਪਣੇ ਨਾਲ ਮਿਲਾਂਦਾ ਹੈ, ਉਹ ਜੀਵ ਗੁਰੂ ਦੀ ਰਾਹੀਂ ਪਰਮਾਤਮਾ ਵਿਚ ਜਾ ਮਿਲਦਾ ਹੈ ॥੫॥੬॥
57021	1334	ਪ੍ਰਭਾਤੀ ਮਹਲਾ ੩॥		Prabhaathee Mehalaa 3 ||	Prabhaatee, Third Mehl:	
57022	1334	ਮੇਰੇ ਮਨ ਗੁਰੁ ਅਪਣਾ ਸਾਲਾਹਿ॥		Maerae Man Gur Apanaa Saalaahi ||	O my mind, praise your Guru.	ਹੇ ਮੇਰੇ ਮਨ! (ਸਦਾ) ਆਪਣੇ ਗੁਰੂ ਦੀ ਸੋਭਾ ਕਰਿਆ ਕਰ,

57023	1335	ਪੂਰਾ ਭਾਗੁ ਹੋਵੈ ਮੁਖਿ ਮਸਤਕਿ ਸਦਾ ਹਰਿ ਕੇ ਗੁਣ ਗਾਹਿ॥੧॥ਰਹਾਉ॥		Pooraa Bhaag Hovai Mukh Masathak Sadhaa Har Kae Gun Gaahi ||1|| Rehaao ||	Perfect destiny is inscribed upon your forehead and face; sing the Praises of the Lord forever. ||1||Pause||	(ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਗੁਣਾਂ ਵਿਚ ਚੁੱਭੀ ਲਾਇਆ ਕਰ। ਤੇਰੇ ਮੱਥੇ ਉੱਤੇ ਪੂਰੀ ਕਿਸਮਤ ਜਾਗ ਪਵੇਗੀ ॥੧॥ ਰਹਾਉ ॥
57024	1335	ਅੰਮ੍ਰਿਤ ਨਾਮੁ ਭੋਜਨੁ ਹਰਿ ਦੇਇ॥	ਦੇ-ਇ, ਮਧੇ: ਪੋਲਾ ਬੋਲੋ	Anmrith Naam Bhojan Har Dhaee ||	The Lord bestows the Ambrosial Food of the Naam.	(ਪਰਮਾਤਮਾ ਉਸ ਮਨੁੱਖ ਨੂੰ ਉਸ ਦੀ ਜਿੰਦ ਵਾਸਤੇ) ਖ਼ੁਰਾਕ (ਆਪਣਾ) ਆਤਮਕ ਜੀਵਨ ਦੇਣ ਵਾਲਾ ਨਾਮ ਬਖ਼ਸ਼ਦਾ ਹੈ,
57025	1335	ਕੋਟਿ ਮਧੇ ਕੋਈ ਵਿਰਲਾ ਲੇਇ॥		Kott Madhhae Koee Viralaa Laee ||	Out of millions, only a rare few receive it	(ਪਰ) ਕ੍ਰੋੜਾਂ ਵਿਚੋਂ ਕੋਈ ਵਿਰਲਾ ਮਨੁੱਖ ਹੀ (ਇਹ ਦਾਤਿ) ਹਾਸਲ ਕਰਦਾ ਹੈ,
57026	1335	ਜਿਸ ਨੋ ਅਪਣੀ ਨਦਰਿ ਕਰੇਇ॥੧॥		Jis No Apanee Nadhar Karaee ||1||	- only those who are blessed by God's Glance of Grace. ||1||	ਜਿਸ ਮਨੁੱਖ ਉਤੇ ਪਰਮਾਤਮਾ ਆਪਣੀ ਮਿਹਰ ਦੀ ਨਿਗਾਹ ਕਰਦਾ ਹੈ ॥੧॥
57027	1335	ਗੁਰ ਕੇ ਚਰਣ ਮਨ ਮਾਹਿ ਵਸਾਇ॥		Gur Kae Charan Man Maahi Vasaae ||	Whoever enshrines the Guru's Feet within his mind,	ਗੁਰੂ ਦੇ (ਸੋਹਣੇ) ਚਰਨ (ਆਪਣੇ) ਮਨ ਵਿਚ ਟਿਕਾਈ ਰੱਖ,

57028	1335	ਦੁਖੁ ਅਨ੍ਹੇਰਾ ਅੰਦਰਹੁ ਜਾਇ॥		Dhukh Anhaeraa Andharahu Jaae ||	Is rid of pain and darkness from within.	(ਇਸ ਤਰ੍ਹਾਂ) ਮਨ ਵਿਚੋਂ (ਹਰੇਕ) ਦੁੱਖ ਦੂਰ ਹੋ ਜਾਂਦਾ ਹੈ, (ਆਤਮਕ ਜੀਵਨ ਵਲੋਂ) ਬੇ-ਸਮਝੀ ਦਾ ਹਨੇਰਾ ਹਟ ਜਾਂਦਾ ਹੈ,
57029	1335	ਆਪੇ ਸਾਚਾ ਲਏ ਮਿਲਾਇ॥੨॥		Aapae Saachaa Leae Milaae ||2||	The True Lord unites him with Himself. ||2||	(ਅਤੇ) ਸਦਾ ਕਾਇਮ ਰਹਿਣ ਵਾਲਾ ਆਪ ਹੀ (ਜੀਵ ਨੂੰ ਆਪਣੇ ਨਾਲ) ਮਿਲਾ ਲੈਂਦਾ ਹੈ ॥੨॥
57030	1335	ਗੁਰ ਕੀ ਬਾਣੀ ਸਿਉ ਲਾਇ ਪਿਆਰੁ॥		Gur Kee Baanee Sio Laae Piaar ||	So embrace love for the Word of the Guru's Bani.	ਸਤਿਗੁਰੂ ਦੀ ਬਾਣੀ ਨਾਲ ਪਿਆਰ ਜੋੜ।
57031	1335	ਐਥੈ ਓਥੈ ਏਹੁ ਅਧਾਰੁ॥		Aithhai Outhhai Eaehu Adhhaar ||	Here and hereafter, this is your only Support.	(ਇਹ ਬਾਣੀ ਹੀ) ਇਸ ਲੋਕ ਅਤੇ ਪਰਲੋਕ ਵਿਚ (ਜ਼ਿੰਦਗੀ ਦਾ) ਆਸਰਾ ਹੈ,
57032	1335	ਆਪੇ ਦੇਵੈ ਸਿਰਜਨਹਾਰੁ॥੩॥		Aapae Dhaevai Sirajanehaar ||3||	The Creator Lord Himself bestows it. ||3||	(ਪਰ ਇਹ ਦਾਤਿ) ਜਗਤ ਨੂੰ ਪੈਦਾ ਕਰਨ ਵਾਲਾ ਪ੍ਰਭੂ ਆਪ ਹੀ ਦੇਂਦਾ ਹੈ ॥੩॥
57033	1335	ਸਚਾ ਮਨਾਏ ਅਪਣਾ ਭਾਣਾ॥		Sachaa Manaaeae Apanaa Bhaanaa ||	One whom the Lord inspires to accept His Will,	ਸਦਾ-ਥਿਰ ਰਹਿਣ ਵਾਲਾ ਪਰਮਾਤਮਾ (ਗੁਰੂ ਦੀ ਸਰਨ ਪਾ ਕੇ) ਆਪਣੀ ਰਜ਼ਾ ਮਿੱਠੀ ਕਰ ਕੇ ਮੰਨਣ ਲਈ (ਮਨੁੱਖ ਦੀ) ਸਹਾਇਤਾ ਕਰਦਾ ਹੈ।
57034	1335	ਸੋਈ ਭਗਤੁ ਸੁਘੜੁ ਸੁਜਾਣਾ॥	ਸੁਘ-ੜੁ, ਸੁ, ਹੋੜੇ ਔਂਕੜ ਵਿਚਾਲੇ ਬੋਲੋ।	Soee Bhagath Sugharr Suojaanaa ||	Is a wise and knowing devotee.	(ਜਿਹੜਾ ਮਨੁੱਖ ਰਜ਼ਾ ਨੂੰ ਮੰਨ ਲੈਂਦਾ ਹੈ) ਉਹੀ ਹੈ ਸੋਹਣਾ ਸੁਚੱਜਾ ਸਿਆਣਾ ਭਗਤ।

57035	1335	ਨਾਨਕੁ ਤਿਸ ਕੈ ਸਦ ਕੁਰਬਾਣਾ॥੪॥੭॥੧੭॥੭॥੨੪॥		Naanak This Kai Sadh Kurabaanaa ||4||7||17||7||24||	Nanak is forever a sacrifice to him. ||4||7||17||7||24||	(ਅਜਿਹੇ ਮਨੁੱਖ ਤੋਂ) ਨਾਨਕ ਸਦਾ ਸਦਕੇ ਜਾਂਦਾ ਹੈ ॥੪॥੭॥੧੭॥੭॥੨੪॥
57036	1335	ਪ੍ਰਭਾਤੀ ਮਹਲਾ ੪ ਬਿਭਾਸ	ਪ੍ਰਭਾਤੀ ਰਾਗ ਦੀ ਇੱਕ ਜ਼ਾਤੀ ਬਿਭਾਸ ਹੈ	Prabhaathee Mehalaa 4 Bibhaasa	Prabhaatee, Fourth Mehl, Bibhaas:	ਰਾਗ ਪ੍ਰਭਾਤੀ/ਬਿਭਾਗ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ।
57037	1335	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
57038	1335	ਰਸਕਿ ਰਸਕਿ ਗੁਨ ਗਾਵਹ ਗੁਰਮਤਿ ਲਿਵ ਉਨਮਨਿ ਨਾਮਿ ਲਗਾਨ॥		Rasak Rasak Gun Gaaveh Guramath Liv Ounaman Naam Lagaan ||	Through the Guru's Teachings, I sing the Glorious Praises of the Lord with joyous love and delight; I am enraptured, lovingly attuned to the Naam, the Name of the Lord.	ਗੁਰੂ ਦੀ ਮੱਤ ਉਤੇ ਤੁਰ ਕੇ, ਆਓ ਅਸੀਂ ਮੁੜ ਮੁੜ ਸੁਆਦ ਨਾਲ ਪਰਮਾਤਮਾ ਦੇ ਗੁਣ ਗਾਵਿਆ ਕਰੀਏ, (ਇਸ ਤਰ੍ਹਾਂ) ਪਰਮਾਤਮਾ ਦੇ ਨਾਮ ਵਿਚ ਲਗਨ ਲੱਗ ਜਾਂਦੀ ਹੈ (ਪ੍ਰਭੂ-ਮਿਲਾਪ ਦੀ) ਤਾਂਘ ਵਿਚ ਸੁਰਤ ਟਿਕੀ ਰਹਿੰਦੀ ਹੈ।
57039	1335	ਅੰਮ੍ਰਿਤੁ ਰਸੁ ਪੀਆ ਗੁਰ ਸਬਦੀ ਹਮ ਨਾਮ ਵਿਟਹੁ ਕੁਰਬਾਨ॥੧॥		Anmrith Ras Peeaa Gur Sabadhee Ham Naam Vittahu Kurabaan ||1||	Through the Word of the Guru's Shabad, I drink in the Ambrosial Essence; I am a sacrifice to the Naam. ||1||	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਤਾ ਜਾ ਸਕਦਾ ਹੈ। ਮੈਂ ਤਾਂ ਪਰਮਾਤਮਾ ਦੇ ਨਾਮ ਤੋਂ ਸਦਕੇ ਜਾਂਦਾ ਹਾਂ ॥੧॥

57040	1335	ਹਮਰੇ ਜਗਜੀਵਨ ਹਰਿ ਪ੍ਰਾਨ॥	ਜੱਗਜੀਵਨ	Hamarae Jagajeevan Har Praan ||	The Lord, the Life of the World, is my Breath of Life.	ਜਗਤ ਦੇ ਜੀਵਨ ਪ੍ਰਭੂ ਜੀ ਹੀ ਅਸਾਂ ਜੀਵਾਂ ਦੀ ਜਿੰਦ-ਜਾਨ ਹਨ (ਫਿਰ ਭੀ ਅਸਾਂ ਜੀਵਾਂ ਨੂੰ ਇਹ ਸਮਝ ਨਹੀਂ ਆਉਂਦੀ)।
57041	1335	ਹਰਿ ਊਤਮੁ ਰਿਦ ਅੰਤਰਿ ਭਾਇਓ ਗੁਰਿ ਮੰਤੁ ਦੀਓ ਹਰਿ ਕਾਨ॥੧॥ਰਹਾਉ॥		Har Ootham Ridh Anthar Bhaaeiou Gur Manth Dheeou Har Kaan ||1|| Rehaao ||	The Lofty and Exalted Lord became pleasing to my heart and my inner being, when the Guru breathed the Mantra of the Lord into my ears. ||1||Pause||	(ਜਿਸ ਮਨੁੱਖ ਦੇ) ਕੰਨਾਂ ਵਿਚ ਗੁਰੂ ਨੇ ਹਰਿ-ਨਾਮ ਦਾ ਉਪਦੇਸ਼ ਦੇ ਦਿੱਤਾ, ਉਸ ਮਨੁੱਖ ਨੂੰ ਉੱਤਮ ਹਰੀ (ਆਪਣੇ) ਹਿਰਦੇ ਵਿਚ ਪਿਆਰਾ ਲੱਗਣ ਲੱਗ ਪੈਂਦਾ ਹੈ ॥੧॥ ਰਹਾਉ ॥
57042	1335	ਆਵਹੁ ਸੰਤ ਮਿਲਹੁ ਮੇਰੇ ਭਾਈ ਮਿਲਿ ਹਰਿ ਹਰਿ ਨਾਮੁ ਵਖਾਨ॥		Aavahu Santh Milahu Maerae Bhaaee Mil Har Har Naam Vakhaan ||	Come, O Saints: let us join together, O Siblings of Destiny; let us meet and chant the Name of the Lord, Har, Har.	ਹੇ ਸੰਤ ਜਨੋ! ਹੇ ਮੇਰੇ ਭਰਾਵੋ! ਆਓ, ਮਿਲ ਬੈਠੋ। ਮਿਲ ਕੇ ਪਰਮਾਤਮਾ ਦਾ ਨਾਮ ਜਪੀਏ।
57043	1335	ਕਿਤੁ ਬਿਧਿ ਕਿਉ ਪਾਈਐ ਪ੍ਰਭੁ ਅਪੁਨਾ ਮੋਕਉ ਕਰਹੁ ਉਪਦੇਸੁ ਹਰਿ ਦਾਨ॥੨॥	ਮੋ-ਕਉ	Kith Bidhh Kio Paaeeai Prabh Apunaa Mo Ko Karahu Oupadhaes Har Dhaan ||2||	How am I to find my God? Please bless me with the Gift of the Lord's Teachings. ||2||	ਹੇ ਸੰਤ ਜਨੋ! ਪ੍ਰਭੂ-ਮਿਲਾਪ ਦਾ ਉਪਦੇਸ ਮੈਨੂੰ ਦਾਨ ਵਜੋਂ ਦੇਵੋ (ਮੈਨੂੰ ਦੱਸੋ ਕਿ) ਪਿਆਰਾ ਪ੍ਰਭੂ ਕਿਵੇਂ ਕਿਸ ਤਰੀਕੇ ਨਾਲ ਮਿਲ ਸਕਦਾ ਹੈ ॥੨॥

57044	1335	ਸਤਸੰਗਤਿ ਮਹਿ ਹਰਿ ਹਰਿ ਵਸਿਆ ਮਿਲਿ ਸੰਗਤਿ ਹਰਿ ਗੁਨ ਜਾਨ॥		Sathasangath Mehi Har Har Vasiaa Mil Sangath Har Gun Jaan ||	The Lord, Har, Har, abides in the Society of the Saints; joining this Sangat, the Lord's Glories are known.	ਪਰਮਾਤਮਾ ਸਾਧ ਸੰਗਤ ਵਿਚ ਸਦਾ ਵੱਸਦਾ ਹੈ। ਸਾਧ ਸੰਗਤ ਵਿਚ ਮਿਲ ਕੇ ਪਰਮਾਤਮਾ ਦੇ ਗੁਣਾਂ ਦੀ ਸਾਂਝ ਪੈ ਸਕਦੀ ਹੈ।
57045	1335	ਵਡੈਭਾਗਿ ਸਤਸੰਗਤਿ ਪਾਈ ਗੁਰੁ ਸਤਿਗੁਰੁ ਪਰਸਿ ਭਗਵਾਨ॥੩॥		Vaddai Bhaag Sathasangath Paaee Gur Sathigur Paras Bhagavaan ||3||	By great good fortune, the Society of the Saints is found. Through the Guru, the True Guru, I receive the Touch of the Lord God. ||3||	ਜਿਸ ਨੂੰ ਵੱਡੀ ਕਿਸਮਤ ਨਾਲ ਸਾਧ ਸੰਗਤ ਪ੍ਰਾਪਤ ਹੋ ਗਈ, ਉਸ ਨੇ ਗੁਰੂ ਸਤਿਗੁਰੂ (ਦੇ ਚਰਨ) ਛੂਹ ਕੇ ਭਗਵਾਨ (ਦਾ ਮਿਲਾਪ ਹਾਸਲ ਕਰ ਲਿਆ) ॥੩॥
57046	1335	ਗੁਨ ਗਾਵਹ ਪ੍ਰਭ ਅਗਮ ਠਾਕੁਰ ਕੇ ਗੁਨ ਗਾਇ ਰਹੇ ਹੈਰਾਨ॥		Gun Gaaveh Prabh Agam Thaakur Kae Gun Gaae Rehae Hairaan ||	I sing the Glorious Praises of God, my Inaccessible Lord and Master; singing His Praises, I am enraptured.	ਆਓ, ਅਪਹੁੰਚ ਠਾਕੁਰ ਪ੍ਰਭੂ ਦੇ ਗੁਣ ਗਾਵਿਆ ਕਰੀਏ। ਉਸ ਦੇ ਗੁਣ ਗਾ ਗਾ ਕੇ (ਉਸ ਦੀ ਵਡਿਆਈ ਅੱਖਾਂ ਸਾਹਮਣੇ ਲਿਆ ਲਿਆ ਕੇ) ਹੈਰਤ ਵਿਚ ਗੁੰਮ ਹੋ ਜਾਈਦਾ ਹੈ।
57047	1335	ਜਨ ਨਾਨਕ ਕਉ ਗੁਰਿ ਕਿਰਪਾ ਧਾਰੀ ਹਰਿ ਨਾਮੁ ਦੀਓ ਖਿਨ ਦਾਨ॥੪॥੧॥		Jan Naanak Ko Gur Kirapaa Dhhaaree Har Naam Dheeou Khin Dhaan ||4||1||	The Guru has showered His Mercy on servant Nanak; in an instant, He blessed him with the Gift of the Lord's Name. ||4||1||	ਹੇ ਨਾਨਕ! ਜਿਸ ਦਾਸ ਉੱਤੇ ਗੁਰੂ ਨੇ ਮਿਹਰ ਕੀਤੀ, ਉਸ ਨੂੰ (ਗੁਰੂ ਨੇ) ਇਕ ਖਿਨ ਵਿਚ ਪਰਮਾਤਮਾ ਦਾ ਨਾਮ ਦਾਨ ਦੇ ਦਿੱਤਾ ॥੪॥੧॥

57048	1335	ਪ੍ਰਭਾਤੀ ਮਹਲਾ ੪॥		Prabhaathee Mehalaa 4 ||	Prabhaatee, Fourth Mehl:	
57049	1335	ਉਗਵੈ ਸੂਰੁ ਗੁਰਮੁਖਿ ਹਰਿ ਬੋਲਹਿ ਸਭ ਰੈਨਿ ਸਮ੍ਾਲਹਿ ਹਰਿ ਗਾਲ॥		Ougavai Soor Guramukh Har Bolehi Sabh Rain Samhaalehi Har Gaal ||	With the rising of the sun, the Gurmukh speaks of the Lord. All through the night, he dwells upon the Sermon of the Lord.	(ਜਦੋਂ) ਸੂਰਜ ਚੜ੍ਹਦਾ ਹੈ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਪਰਮਾਤਮਾ ਦਾ ਨਾਮ ਜਪਣ ਲੱਗ ਪੈਂਦੇ ਹਨ, ਸਾਰੀ ਰਾਤ ਭੀ ਉਹ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਗੱਲਾਂ ਹੀ ਕਰਦੇ ਹਨ।
57050	1335	ਹਮਰੈ ਪ੍ਰਭਿ ਹਮ ਲੋਚ ਲਗਾਈ ਹਮ ਕਰਹ ਪ੍ਰਭੂ ਹਰਿ ਭਾਲ॥੧॥		Hamarai Prabh Ham Loch Lagaaee Ham Kareh Prabhoo Har Bhaal ||1||	My God has infused this longing within me; I seek my Lord God. ||1||	ਮੇਰੇ ਪ੍ਰਭੂ ਨੇ ਮੇਰੇ ਅੰਦਰ ਭੀ ਇਹ ਲਗਨ ਪੈਦਾ ਕਰ ਦਿੱਤੀ ਹੈ, (ਇਸ ਵਾਸਤੇ) ਮੈਂ ਭੀ ਪ੍ਰਭੂ ਦੀ ਢੂੰਢ ਕਰਦਾ ਰਹਿੰਦਾ ਹਾਂ ॥੧॥
57051	1335	ਮੇਰਾ ਮਨੁ ਸਾਧੂ ਧੂਰਿ ਰਵਾਲ॥		Maeraa Man Saadhhoo Dhhoor Ravaal ||	My mind is the dust of the feet of the Holy.	ਮੇਰਾ ਮਨ ਗੁਰੂ ਦੇ ਚਰਨਾਂ ਦੀ ਧੂੜ ਹੋਇਆ ਰਹਿੰਦਾ ਹੈ।
57052	1335	ਹਰਿ ਹਰਿ ਨਾਮੁ ਦ੍ਰਿੜਾਇਓ ਗੁਰਿ ਮੀਠਾ ਗੁਰ ਪਗ ਝਾਰਹ ਹਮ ਬਾਲ॥੧॥ਰਹਾਉ॥	ਪਗ: ਪੋਲਾ ਬੋਲੋ	Har Har Naam Dhrirraaeiou Gur Meethaa Gur Pag Jhaareh Ham Baal ||1|| Rehaao ||	The Guru has implanted the Sweet Name of the Lord, Har, Har, within me. I dust the Guru's Feet with my hair. ||1||Pause||	ਗੁਰੂ ਨੇ ਪਰਮਾਤਮਾ ਦਾ ਮਿੱਠਾ ਨਾਮ ਮੇਰੇ ਹਿਰਦੇ ਵਿਚ ਪੱਕਾ ਕਰ ਦਿੱਤਾ ਹੈ। ਮੈਂ (ਆਪਣੇ) ਕੇਸਾਂ ਨਾਲ ਗੁਰੂ ਦੇ ਚਰਨ ਝਾੜਦਾ ਹਾਂ ॥੧॥ ਰਹਾਉ ॥

57053	1335	ਸਾਕਤ ਕਉ ਦਿਨੁ ਰੈਨਿ ਅੰਧਾਰੀ ਮੋਹਿ ਫਾਥੇ ਮਾਇਆ ਜਾਲ॥		Saakath Ko Dhin Rain Andhhaaree Mohi Faathhae Maaeiaa Jaal ||	Dark are the days and nights of the faithless cynics; they are caught in the trap of attachment to Maya.	ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖਾਂ ਵਾਸਤੇ (ਸਾਰਾ) ਦਿਨ (ਸਾਰੀ) ਰਾਤ ਘੁੱਪ ਹਨੇਰਾ ਹੁੰਦੀ ਹੈ, (ਕਿਉਂਕਿ ਉਹ) ਮਾਇਆ ਦੇ ਮੋਹ ਵਿਚ, ਮਾਇਆ (ਦੇ ਮੋਹ) ਦੀਆਂ ਫਾਹੀਆਂ ਵਿਚ ਫਸੇ ਰਹਿੰਦੇ ਹਨ।
57054	1335	ਖਿਨੁ ਪਲੁ ਹਰਿ ਪ੍ਰਭੁ ਰਿਦੈ ਨ ਵਸਿਓ ਰਿਨਿ ਬਾਧੇ ਬਹੁ ਬਿਧਿ ਬਾਲ॥੨॥		Khin Pal Har Prabh Ridhai N Vasiou Rin Baadhhae Bahu Bidhh Baal ||2||	The Lord God does not dwell in their hearts, even for an instant; every hair of their heads is totally tied up in debts. ||2||	ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਇਕ ਖਿਨ ਭਰ ਭੀ ਇਕ ਪਲ ਭਰ ਭੀ ਨਹੀਂ ਵੱਸਦਾ। ਉਹ ਕਈ ਤਰੀਕਿਆਂ ਨਾਲ (ਵਿਕਾਰਾਂ ਦੇ) ਕਰਜ਼ੇ ਵਿਚ ਵਾਲ ਵਾਲ ਬੱਝੇ ਰਹਿੰਦੇ ਹਨ ॥੨॥
57055	1335	ਸਤਸੰਗਤਿ ਮਿਲਿ ਮਤਿ ਬੁਧਿ ਪਾਈ ਹਉ ਛੂਟੇ ਮਮਤਾ ਜਾਲ॥		Sathasangath Mil Math Budhh Paaee Ho Shhoottae Mamathaa Jaal ||	Joining the Sat Sangat, the True Congregation, wisdom and understanding are obtained, and one is released from the traps of egotism and possessiveness.	ਜਿਨ੍ਹਾਂ ਮਨੁੱਖਾਂ ਨੇ ਸਾਧ ਸੰਗਤ ਵਿਚ ਮਿਲ ਕੇ (ਉੱਚੀ) ਮੱਤ (ਉੱਚੀ) ਅਕਲ ਪ੍ਰਾਪਤ ਕਰ ਲਈ, (ਉਹਨਾਂ ਦੇ ਅੰਦਰੋਂ) ਹਉਮੈ ਮੁੱਕ ਜਾਂਦੀ ਹੈ, ਮਾਇਆ ਦੇ ਮੋਹ ਦੀਆਂ ਫਾਹੀਆਂ ਟੁੱਟ ਜਾਂਦੀਆਂ ਹਨ।

57056	1335	ਹਰਿ ਨਾਮਾ ਹਰਿ ਮੀਠ ਲਗਾਨਾ ਗੁਰਿ ਕੀਏ ਸਬਦਿ ਨਿਹਾਲ॥੩॥		Har Naamaa Har Meeth Lagaanaa Gur Keeeae Sabadh Nihaal ||3||	The Lord's Name, and the Lord, seem sweet to me. Through the Word of His Shabad, the Guru has made me happy. ||3||	ਉਹਨਾਂ ਨੂੰ ਪ੍ਰਭੂ ਦਾ ਨਾਮ ਪਿਆਰਾ ਲੱਗਣ ਲੱਗ ਪੈਂਦਾ ਹੈ। ਗੁਰੂ ਨੇ (ਉਹਨਾਂ ਨੂੰ ਆਪਣੇ) ਸ਼ਬਦ ਦੀ ਬਰਕਤਿ ਨਾਲ ਨਿਹਾਲ ਕਰ ਦਿੱਤਾ ਹੁੰਦਾ ਹੈ ॥੩॥
57057	1335	ਹਮ ਬਾਰਿਕ ਗੁਰ ਅਗਮ ਗੁਸਾਈ ਗੁਰ ਕਰਿ ਕਿਰਪਾ ਪ੍ਰਤਿਪਾਲ॥	ਗੁਸਾਂਈਂ	Ham Baarik Gur Agam Gusaaee Gur Kar Kirapaa Prathipaal ||	I am just a child; the Guru is the Unfathomable Lord of the World. In His Mercy, He cherishes and sustains me.	ਹੇ ਗੁਰੂ! ਹੇ ਅਪਹੁੰਚ ਮਾਲਕ! ਅਸੀਂ ਜੀਵ ਤੇਰੇ (ਅੰਞਾਣ) ਬੱਚੇ ਹਾਂ। ਹੇ ਗੁਰੂ ਮਿਹਰ ਕਰ, ਸਾਡੀ ਰੱਖਿਆ ਕਰ।
57058	1335	ਬਿਖੁ ਭਉਜਲ ਡੁਬਦੇ ਕਾਢਿ ਲੇਹੁ ਪ੍ਰਭ ਗੁਰ ਨਾਨਕ ਬਾਲ ਗੁਪਾਲ॥੪॥੨॥		Bikh Bhoujal Ddubadhae Kaadt Laehu Prabh Gur Naanak Baal Gupaal ||4||2||	I am drowning in the ocean of poison; O God, Guru, Lord of the World, please save Your child, Nanak. ||4||2||	ਹੇ ਨਾਨਕ! ਹੇ ਗੁਰੂ! ਹੇ ਪ੍ਰਭੂ! ਹੇ ਧਰਤੀ ਦੇ ਰਾਖੇ! ਅਸੀਂ ਤੇਰੇ (ਅੰਞਾਣ) ਬੱਚੇ ਹਾਂ, ਆਤਮਕ ਮੌਤ ਲਿਆਉਣ ਵਾਲੀ ਮਾਇਆ ਦੇ ਮੋਹ ਦੇ ਸਮੁੰਦਰ ਵਿਚ ਡੁੱਬਦਿਆਂ ਨੂੰ ਸਾਨੂੰ ਬਚਾ ਲੈ ॥੪॥੨॥
57059	1335	ਪ੍ਰਭਾਤੀ ਮਹਲਾ ੪॥		Prabhaathee Mehalaa 4 ||	Prabhaatee, Fourth Mehl:	

57060	1335	ਇਕੁ ਖਿਨੁ ਹਰਿ ਪ੍ਰਭਿ ਕਿਰਪਾ ਧਾਰੀ ਗੁਨ ਗਾਏ ਰਸਕ ਰਸੀਕ॥		Eik Khin Har Prabh Kirapaa Dhhaaree Gun Gaaeae Rasak Raseek ||	The Lord God showered me with His Mercy for an instant; I sing His Glorious Praises with joyous love and delight.	(ਜਿਨ੍ਹਾਂ ਮਨੁੱਖਾਂ ਉਤੇ) ਪ੍ਰਭੂ ਨੇ ਇਕ ਖਿਨ ਭਰ ਭੀ ਮਿਹਰ ਕੀਤੀ, ਉਹਨਾਂ ਨੇ ਨਾਮ-ਰਸ ਦੇ ਰਸੀਏ ਬਣ ਕੇ ਪਰਮਾਤਮਾ ਦੇ ਗੁਣ ਗਾਣੇ ਸ਼ੁਰੂ ਕਰ ਦਿੱਤੇ।
57061	1336	ਗਾਵਤ ਸੁਨਤ ਦੋਊ ਭਏ ਮੁਕਤੇ ਜਿਨਾ ਗੁਰਮੁਖਿ ਖਿਨੁ ਹਰਿ ਪੀਕ॥੧॥		Gaavath Sunath Dhooo Bheae Mukathae Jinaa Guramukh Khin Har Peek ||1||	Both the singer and the listener are liberated, when, as Gurmukh, they drink in the Lord's Name, even for an instant. ||1||	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਖਿਨ ਖਿਨ ਹਰਿ-ਨਾਮ ਰਸ ਪੀਣਾ ਸ਼ੁਰੂ ਕਰ ਦਿੱਤਾ, ਉਹ ਹਰਿ-ਗੁਣ ਗਾਣ ਵਾਲੇ ਅਤੇ ਸੁਣਨ ਵਾਲੇ ਦੋਵੇਂ ਹੀ ਵਿਕਾਰਾਂ ਤੋਂ ਬਚ ਗਏ ॥੧॥
57062	1336	ਮੇਰੈ ਮਨਿ ਹਰਿ ਹਰਿ ਰਾਮ ਨਾਮੁ ਰਸੁ ਟੀਕ॥	ਸਾਰੇ ਰਸਾਂ ਦਾ (ਟੀਕ) ਸ੍ਰੋਮਣੀ ਰਸ ਅੰਮ੍ਰਿਤ	Maerai Man Har Har Raam Naam Ras Tteek ||	The Sublime Essence of the Name of the Lord, Har, Har, is enshrined within my mind.	(ਗੁਰੂ ਦੀ ਕਿਰਪਾ ਨਾਲ) ਮੇਰੇ ਮਨ ਵਿਚ ਹਰ ਵੇਲੇ ਪਰਮਾਤਮਾ ਦਾ ਨਾਮ-ਰਸ ਟਿਕਿਆ ਰਹਿੰਦਾ ਹੈ।
57063	1336	ਗੁਰਮੁਖਿ ਨਾਮੁ ਸੀਤਲ ਜਲੁ ਪਾਇਆ ਹਰਿ ਹਰਿ ਨਾਮੁ ਪੀਆ ਰਸੁ ਝੀਕ॥੧॥ਰਹਾਉ॥		Guramukh Naam Seethal Jal Paaeiaa Har Har Naam Peeaa Ras Jheek ||1|| Rehaao ||	As Gurmukh, I have obtained the cooling, soothing Water of the Naam. I eagerly drink in the sublime essence of the Name of the Lord, Har, Har. ||1||Pause||	(ਜਿਸ ਮਨੁੱਖ ਨੂੰ) ਗੁਰੂ ਦੇ ਸਨਮੁਖ ਹੋ ਕੇ (ਆਤਮਕ) ਠੰਢ ਪਾਣ ਵਾਲਾ ਨਾਮ-ਜਲ ਮਿਲ ਜਾਂਦਾ ਹੈ, ਉਹ ਮਨੁੱਖ ਪਰਮਾਤਮਾ ਦਾ ਨਾਮ-ਰਸ ਡੀਕ ਲਾ ਕੇ ਪੀਂਦਾ ਰਹਿੰਦਾ ਹੈ ॥੧॥ ਰਹਾਉ ॥

57064	1336	ਜਿਨ ਹਰਿ ਹਿਰਦੈ ਪ੍ਰੀਤਿ ਲਗਾਨੀ ਤਿਨਾ ਮਸਤਕਿ ਊਜਲ ਟੀਕ॥	ਮੱਸਤਕ ਉੱਜਲ ਦਗ ਦਗ ਨਾਮ ਦੇ (ਟੀਕ) ਟਿੱਕੇ ਸਹਿਤ ਜਗ ਮਗਾ ਰਿਹਾ	Jin Har Hiradhai Preeth Lagaanee Thinaa Masathak Oojal Tteek ||	Those whose hearts are imbued with the Love of the Lord have the mark of radiant purity upon their foreheads.	(ਗੁਰੂ ਨੇ) ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਪਿਆਰ ਪੈਦਾ ਕਰ ਦਿੱਤਾ (ਲੋਕ ਪਰਲੋਕ ਵਿਚ) ਉਹਨਾਂ ਦੇ ਮੱਥੇ ਉਤੇ (ਸੋਭਾ ਦਾ) ਰੌਸ਼ਨ ਟਿੱਕਾ ਲੱਗਾ ਰਹਿੰਦਾ ਹੈ।
57065	1336	ਹਰਿ ਜਨ ਸੋਭਾ ਸਭ ਜਗ ਊਪਰਿ ਜਿਉ ਵਿਚਿ ਉਡਵਾ ਸਸਿ ਕੀਕ॥੨॥	(ਉਡਵਾ) ਤਾਰਿਆਂ ਚ । (ਸਸਿ) ਚੰਦ੍ਰਮਾਂ। (ਕੀਕ) ਕੀਤਾ। (ਉਡਵਾ) ਸਸਿ: ਪੋਲੇ ਬੋਲੋ	Har Jan Sobhaa Sabh Jag Oopar Jio Vich Ouddavaa Sas Keek ||2||	The Glory of the Lord's humble servant is manifest throughout the world, like the moon among the stars. ||2||	ਪਰਮਾਤਮਾ ਦੇ ਭਗਤਾਂ ਦੀ ਸੋਭਾ ਸਾਰੇ ਜਹਾਨ ਉਤੇ ਖਿਲਰ ਜਾਂਦੀ ਹੈ; ਜਿਵੇਂ (ਆਕਾਸ਼ ਦੇ) ਤਾਰਿਆਂ ਵਿਚ ਚੰਦ੍ਰਮਾ (ਸੋਹਣਾ) ਬਣਾਇਆ ਹੋਇਆ ਹੈ ॥੨॥
57066	1336	ਜਿਨ ਹਰਿ ਹਿਰਦੈ ਨਾਮੁ ਨ ਵਸਿਓ ਤਿਨ ਸਭਿ ਕਾਰਜ ਫੀਕ॥		Jin Har Hiradhai Naam N Vasiou Thin Sabh Kaaraj Feek ||	Those whose hearts are not filled with the Lord's Name - all their affairs are worthless and insipid.	ਪਰ, ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਨਹੀਂ ਵੱਸਦਾ, ਉਹਨਾਂ ਦੇ (ਦੁਨੀਆ ਵਾਲੇ) ਸਾਰੇ ਹੀ ਕੰਮ ਫਿੱਕੇ ਹੁੰਦੇ ਹਨ (ਉਹਨਾਂ ਦੇ ਜੀਵਨ ਨੂੰ ਰੁੱਖਾ ਬਣਾਈ ਰੱਖਦੇ ਹਨ),
57067	1336	ਜੈਸੇ ਸੀਗਾਰੁ ਕਰੈ ਦੇਹ ਮਾਨੁਖ ਨਾਮ ਬਿਨਾ ਨਕਟੇ ਨਕ ਕੀਕ॥੩॥	ਨੱਕ	Jaisae Seegaar Karai Dhaeh Maanukh Naam Binaa Nakattae Nak Keek ||3||	They may adorn and decorate their bodies, but without the Naam, they look like their noses have been cut off. ||3||	ਜਿਵੇਂ (ਕੋਈ ਨਕ-ਵੱਢਾ ਮਨੁੱਖ ਆਪਣੇ) ਮਨੁੱਖਾ ਸਰੀਰ ਦੀ ਸਜਾਵਟ ਕਰਦਾ ਹੈ, ਪਰ ਨੱਕ ਤੋਂ ਬਿਨਾ ('ਬਿਨਾ ਨਕ') ਉਹ ਸਜਾਵਟ ਕਿਸ ਅਰਥ? ਪਰਮਾਤਮਾ ਦੇ ਨਾਮ ਤੋਂ ਬਿਨਾ ਮਨੁੱਖ ਨਕ-ਵੱਢੇ ਹੀ ਹਨ ॥੩॥

57068	1336	ਘਟਿ ਘਟਿ ਰਮਈਆ ਰਮਤ ਰਾਮਰਾਇ ਸਭ ਵਰਤੈ ਸਭ ਮਹਿ ਈਕ॥	ਰ-ਮਈਆ	Ghatt Ghatt Rameeaa Ramath Raam Raae Sabh Varathai Sabh Mehi Eek ||	The Sovereign Lord permeates each and every heart; the One Lord is all-pervading everywhere.	(ਉਂਞ ਤਾਂ) ਸੋਹਣਾ ਰਾਮ ਪ੍ਰਭੂ ਪਾਤਿਸ਼ਾਹ ਹਰੇਕ ਸਰੀਰ ਵਿਚ ਵਿਆਪਕ ਹੈ, ਸਾਰੀ ਸ੍ਰਿਸ਼ਟੀ ਵਿਚ ਸਾਰੇ ਜੀਵਾਂ ਵਿਚ ਉਹ ਆਪ ਹੀ ਮੌਜੂਦ ਹੈ,
57069	1336	ਜਨ ਨਾਨਕ ਕਉ ਹਰਿ ਕਿਰਪਾ ਧਾਰੀ ਗੁਰ ਬਚਨ ਧਿਆਇਓ ਘਰੀ ਮੀਕ॥੪॥੩॥		Jan Naanak Ko Har Kirapaa Dhhaaree Gur Bachan Dhhiaaeiou Gharee Meek ||4||3||	The Lord has showered His Mercy upon servant Nanak; through the Word of the Guru's Teachings, I have meditated on the Lord in an instant. ||4||3||	(ਪਰ) ਹੇ ਨਾਨਕ! ਜਿਨ੍ਹਾਂ ਸੇਵਕਾਂ ਉਤੇ ਉਸ ਨੇ ਮਿਹਰ ਕੀਤੀ, ਉਹ ਗੁਰੂ ਦੇ ਬਚਨਾਂ ਉੱਤੇ ਤੁਰ ਕੇ ਘੜੀ ਘੜੀ (ਹਰ ਵੇਲੇ) ਉਸ ਦਾ ਨਾਮ ਸਿਮਰਨ ਲੱਗ ਪਏ ॥੪॥੩॥
57070	1336	ਪ੍ਰਭਾਤੀ ਮਹਲਾ ੪॥		Prabhaathee Mehalaa 4 ||	Prabhaatee, Fourth Mehl:	
57071	1336	ਅਗਮ ਦਇਆਲ ਕ੍ਰਿਪਾ ਪ੍ਰਭਿ ਧਾਰੀ ਮੁਖਿ ਹਰਿ ਹਰਿ ਨਾਮੁ ਹਮ ਕਹੇ॥		Agam Dhaeiaal Kirapaa Prabh Dhhaaree Mukh Har Har Naam Ham Kehae ||	God, the Inaccessible and Merciful, has showered me with His Mercy; I chant the Name of the Lord, Har, Har, with my mouth.	ਅਪਹੁੰਚ ਅਤੇ ਦਇਆ ਦੇ ਸੋਮੇ ਪ੍ਰਭੂ ਨੇ (ਜਦੋਂ ਅਸਾਂ ਜੀਵਾਂ ਉੱਤੇ) ਮਿਹਰ ਕੀਤੀ, ਤਾਂ ਅਸਾਂ ਮੂੰਹ ਨਾਲ ਉਸ ਦਾ ਨਾਮ ਜਪਿਆ।

57072	1336	ਪਤਿਤ ਪਾਵਨ ਹਰਿ ਨਾਮੁ ਧਿਆਇਓ ਸਭਿ ਕਿਲਬਿਖ ਪਾਪ ਲਹੇ॥੧॥		Pathith Paavan Har Naam Dhhiaaeiou Sabh Kilabikh Paap Lehae ||1||	I meditate on the Name of the Lord, the Purifier of sinners; I am rid of all my sins and mistakes. ||1||	ਜਿਨ੍ਹਾਂ ਮਨੁੱਖਾਂ ਨੇ ਪਾਪੀਆਂ ਨੂੰ ਪਵਿੱਤਰ ਕਰਨ ਵਾਲੇ ਪਰਮਾਤਮਾ ਦਾ ਨਾਮ ਸਿਮਰਿਆ, ਉਹਨਾਂ ਦੇ ਸਾਰੇ ਹੀ ਪਾਪ ਦੂਰ ਹੋ ਗਏ ॥੧॥
57073	1336	ਜਪਿ ਮਨ ਰਾਮ ਨਾਮੁ ਰਵਿ ਰਹੇ॥		Jap Man Raam Naam Rav Rehae ||	O mind, chant the Name of the All-pervading Lord.	ਹੇ (ਮੇਰੇ) ਮਨ! ਜਿਹੜਾ ਪਰਮਾਤਮਾ ਸਭ ਵਿਚ ਵਿਆਪਕ ਹੈ ਉਸ ਦਾ ਨਾਮ ਜਪਿਆ ਕਰ।
57074	1336	ਦੀਨ ਦਇਆਲੁ ਦੁਖਭੰਜਨੁ ਗਾਇਓ ਗੁਰਮਤਿ ਨਾਮੁ ਪਦਾਰਥੁ ਲਹੇ॥੧॥ਰਹਾਉ॥		Dheen Dhaeiaal Dhukh Bhanjan Gaaeiou Guramath Naam Padhaarathh Lehae ||1|| Rehaao ||	I sing the Praises of the Lord, Merciful to the meek, Destroyer of pain. Following the Guru's Teachings, I gather in the Wealth of the Naam, the Name of the Lord. ||1||Pause||	ਜਿਸ ਮਨੁੱਖ ਨੇ ਦੀਨਾਂ ਉਤੇ ਦਇਆ ਕਰਨ ਵਾਲੇ ਦੁੱਖਾਂ ਦਾ ਨਾਸ ਕਰਨ ਵਾਲੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ, ਗੁਰੂ ਦੀ ਮੱਤ ਦੀ ਰਾਹੀਂ ਉਸ ਨੇ ਬਹੁ-ਮੁੱਲਾ ਹਰਿ-ਨਾਮ ਲੱਭ ਲਿਆ ॥੧॥ ਰਹਾਉ ॥
57075	1336	ਕਾਇਆ ਨਗਰਿ ਨਗਰਿ ਹਰਿ ਬਸਿਓ ਮਤਿ ਗੁਰਮਤਿ ਹਰਿ ਹਰਿ ਸਹੇ॥		Kaaeiaa Nagar Nagar Har Basiou Math Guramath Har Har Sehae ||	The Lord abides in the body-village; through the Wisdom of the Guru's Teachings, the Lord, Har, Har, is revealed.	(ਉਞ ਤਾਂ) ਹਰੇਕ ਸਰੀਰ-ਸ਼ਹਰ ਵਿਚ ਪਰਮਾਤਮਾ ਵੱਸਦਾ ਹੈ, ਪਰ ਗੁਰੂ ਦੀ ਮੱਤ ਦੀ ਬਰਕਤਿ ਨਾਲ ਹੀ ਇਹ ਨਿਸ਼ਚਾ ਬਣਦਾ ਹੈ।

57076	1336	ਸਰੀਰ ਸਰੋਵਰਿ ਨਾਮੁ ਹਰਿ ਪ੍ਰਗਟਿਓ ਘਰਿ ਮੰਦਰਿ ਹਰਿ ਪ੍ਰਭੁ ਲਹੇ॥੨॥		Sareer Sarovar Naam Har Pragattiou Ghar Mandhar Har Prabh Lehae ||2||	In the lake of the body, the Lord's Name has been revealed. Within my own home and mansion, I have obtained the Lord God. ||2||	ਜਿਸ ਸਰੀਰ-ਸਰੋਵਰ ਵਿਚ ਪਰਮਾਤਮਾ ਦਾ ਨਾਮ ਪਰਗਟ ਹੁੰਦਾ ਹੈ, ਉਸ ਹਿਰਦੇ-ਘਰ ਵਿਚ ਉਸ ਹਿਰਦੇ-ਮੰਦਰ ਵਿਚ ਪਰਮਾਤਮਾ ਲੱਭ ਪੈਂਦਾ ਹੈ ॥੨॥
57077	1336	ਜੋ ਨਰ ਭਰਮਿ ਭਰਮਿ ਉਦਿਆਨੇ ਤੇ ਸਾਕਤ ਮੂੜ ਮੁਹੇ॥		Jo Nar Bharam Bharam Oudhiaanae Thae Saakath Moorr Muhae ||	Those beings who wander in the wilderness of doubt - those faithless cynics are foolish, and are plundered.	ਪਰ, ਜਿਹੜੇ ਮਨੁੱਖ (ਮਾਇਆ ਦੀ ਖ਼ਾਤਰ ਹੀ ਇਸ ਸੰਸਾਰ) ਜੰਗਲ ਵਿਚ ਭਟਕ ਕੇ (ਉਮਰ ਗੁਜ਼ਾਰਦੇ ਹਨ) ਉਹ ਮਨੁੱਖ ਪਰਮਾਤਮਾ ਨਾਲੋਂ ਟੁੱਟੇ ਰਹਿੰਦੇ ਹਨ, (ਉਹ ਆਪਣਾ ਆਤਮਕ ਜੀਵਨ) ਲੁਟਾ ਬੈਠਦੇ ਹਨ;
57078	1336	ਜਿਉ ਮ੍ਰਿਗ ਨਾਭਿ ਬਸੈ ਬਾਸੁ ਬਸਨਾ ਭ੍ਰਮਿ ਭ੍ਰਮਿਓ ਝਾਰ ਗਹੇ॥੩॥	ਕਸਤੂਰੀ ਦੀ (ਬਾਸੁ) ਖ਼ੁਸ਼ਬੂ। (ਬਸਨਾ) ਨਾਪਾ। ਵਿਸ਼ੇ ਰੂਪ (ਝਾਰ) ਝਾੜੀਆਂ	Jio Mrig Naabh Basai Baas Basanaa Bhram Bhramiou Jhaar Gehae ||3||	They are like the deer: the scent of musk comes from its own navel, but it wanders and roams around, searching for it in the bushes. ||3||	ਜਿਵੇਂ ਕਸਤੂਰੀ ਦੀ ਸੁਗੰਧੀ (ਤਾਂ) ਹਿਰਨ ਦੀ ਧੁੰਨੀ ਵਿਚ ਵੱਸਦੀ ਹੈ, ਪਰ ਉਹ (ਬਾਹਰ ਭਟਕ ਭਟਕ ਕੇ ਝਾੜੀਆਂ ਸੁੰਘਦਾ ਫਿਰਦਾ ਹੈ ॥੩॥

57079	1336	ਤੁਮ ਵਡ ਅਗਮ ਅਗਾਧਿ ਬੋਧਿ ਪ੍ਰਭ ਮਤਿ ਦੇਵਹੁ ਹਰਿ ਪ੍ਰਭ ਲਹੇ॥		Thum Vadd Agam Agaadhh Bodhh Prabh Math Dhaevahu Har Prabh Lehae ||	You are Great and Unfathomable; Your Wisdom, God, is Profound and Incomprehensible. Please bless me with that wisdom, by which I might attain You, O Lord God.	ਹੇ ਹਰੀ! ਹੇ ਪ੍ਰਭੂ! ਤੂੰ ਬਹੁਤ ਅਪਹੁੰਚ ਹੈਂ, ਤੂੰ ਜੀਵਾਂ ਦੀ ਸਮਝ ਤੋਂ ਪਰੇ ਹੈਂ। ਜੇ ਤੂੰ ਆਪ ਹੀ ਅਕਲ ਬਖ਼ਸ਼ੇਂ, ਤਾਂ ਹੀ ਤੈਨੂੰ ਜੀਵ ਮਿਲ ਸਕਦੇ ਹਨ।
57080	1336	ਜਨ ਨਾਨਕ ਕਉ ਗੁਰਿ ਹਾਥੁ ਸਿਰਿ ਧਰਿਓ ਹਰਿ ਰਾਮ ਨਾਮਿ ਰਵਿ ਰਹੇ॥੪॥੪॥		Jan Naanak Ko Gur Haathh Sir Dhhariou Har Raam Naam Rav Rehae ||4||4||	The Guru has placed His Hand upon servant Nanak; he chants the Name of the Lord. ||4||4||	ਹੇ ਨਾਨਕ! ਜਿਸ ਸੇਵਕ ਦੇ ਸਿਰ ਉੱਤੇ ਗੁਰੂ ਨੇ (ਆਪਣਾ ਮਿਹਰ-ਭਰਿਆ) ਹੱਥ ਰੱਖਿਆ ਉਹ ਮਨੁੱਖ ਸਦਾ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ ॥੪॥੪॥
57081	1336	ਪ੍ਰਭਾਤੀ ਮਹਲਾ ੪॥		Prabhaathee Mehalaa 4 ||	Prabhaatee, Fourth Mehl:	
57082	1336	ਮਨਿ ਲਾਗੀ ਪ੍ਰੀਤਿ ਰਾਮ ਨਾਮ ਹਰਿ ਹਰਿ ਜਪਿਓ ਹਰਿ ਪ੍ਰਭੁ ਵਡਫਾ॥	(ਵੱਡ-ਫਾ) ਵਡ ਵੱਡੇ ਫਾ ਪਿਆਰੇ	Man Laagee Preeth Raam Naam Har Har Japiou Har Prabh Vaddafaa ||	My mind is in love with the Name of the Lord, Har, Har; I meditate on the Great Lord God.	ਉਸ ਮਨੁੱਖ ਦੇ ਮਨ ਵਿਚ ਪਰਮਾਤਮਾ ਦੇ ਨਾਮ ਦੀ ਪ੍ਰੀਤ ਪੈਦਾ ਹੋ ਗਈ, ਉਸ ਨੇ ਸਭ ਤੋਂ ਵੱਡੇ ਹਰੀ-ਪ੍ਰਭੂ ਦਾ ਨਾਮ ਜਪਣਾ ਸ਼ੁਰੂ ਕਰ ਦਿੱਤਾ,

57083	1336	ਸਤਿਗੁਰ ਬਚਨ ਸੁਖਾਨੇ ਹੀਅਰੈ ਹਰਿ ਧਾਰੀ ਹਰਿ ਪ੍ਰਭ ਕ੍ਰਿਪਫਾ॥੧॥	ਕ੍ਰਿਪ-ਫਾ	Sathigur Bachan Sukhaanae Heearai Har Dhhaaree Har Prabh Kirapafaa ||1||	The Word of the True Guru has become pleasing to my heart. The Lord God has showered me with His Grace. ||1||	ਜਿਸ ਉਤੇ ਹਰੀ-ਪ੍ਰਭੂ ਨੇ ਮਿਹਰ ਕੀਤੀ। ਉਸ ਦੇ ਹਿਰਦੇ ਵਿਚ ਗੁਰੂ ਦੇ ਬਚਨ ਪਿਆਰੇ ਲੱਗਣ ਲੱਗ ਪਏ ॥੧॥
57084	1336	ਮੇਰੇ ਮਨ ਭਜੁ ਰਾਮ ਨਾਮ ਹਰਿ ਨਿਮਖਫਾ॥	ਨਿਮਖ-ਫਾ	Maerae Man Bhaj Raam Naam Har Nimakhafaa ||	O my mind, vibrate and meditate on the Lord's Name every instant.	ਹੇ ਮੇਰੇ ਮਨ! ਪਰਮਾਤਮਾ ਦਾ ਨਾਮ ਹਰ ਨਿਮਖ (ਹਰ ਵੇਲੇ) ਜਪਿਆ ਕਰ।
57085	1336	ਹਰਿ ਹਰਿ ਦਾਨੁ ਦੀਓ ਗੁਰਿ ਪੂਰੈ ਹਰਿ ਨਾਮਾ ਮਨਿ ਤਨਿ ਬਸਫਾ॥੧॥ਰਹਾਉ॥	ਬਸ-ਫਾ	Har Har Dhaan Dheeou Gur Poorai Har Naamaa Man Than Basafaa ||1|| Rehaao ||	The Perfect Guru has blessed me with the gift of the Name of the Lord, Har, Har. The Lord's Name abides in my mind and body. ||1||Pause||	ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਪਰਮਾਤਮਾ ਦਾ ਨਾਮ ਜਪਣ ਦੀ ਦਾਤ ਦੇ ਦਿੱਤੀ, ਉਸ ਦੇ ਮਨ ਵਿਚ ਉਸਦੇ ਹਿਰਦੇ ਵਿਚ ਹਰਿ-ਨਾਮ ਵੱਸ ਪਿਆ ॥੧॥ ਰਹਾਉ ॥
57086	1336	ਕਾਇਆ ਨਗਰਿ ਵਸਿਓ ਘਰਿ ਮੰਦਰਿ ਜਪਿ ਸੋਭਾ ਗੁਰਮੁਖਿ ਕਰਪਫਾ॥	ਕਰਪ-ਫਾ	Kaaeiaa Nagar Vasiou Ghar Mandhar Jap Sobhaa Guramukh Karapafaa ||	The Lord abides in the body-village, in my home and mansion. As Gurmukh, I meditate on His Glory.	(ਉਂਞ ਤਾਂ) ਹਰੇਕ ਸਰੀਰ-ਨਗਰ ਵਿਚ, ਸਰੀਰ-ਘਰ ਵਿਚ, ਸਰੀਰ-ਮੰਦਰ ਵਿਚ ਪਰਮਾਤਮਾ ਵੱਸਦਾ ਹੈ, ਪਰ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ (ਹੀ ਉਸ ਦਾ ਨਾਮ) ਜਪ ਕੇ ਉਸ ਦੀ ਸਿਫ਼ਤ-ਸਾਲਾਹ ਕਰਦੇ ਹਨ।

57087	1336	ਹਲਤਿ ਪਲਤਿ ਜਨ ਭਏ ਸੁਹੇਲੇ ਮੁਖ ਊਜਲ ਗੁਰਮੁਖਿ ਤਰਫਾ॥੨॥		Halath Palath Jan Bheae Suhaelae Mukh Oojal Guramukh Tharafaa ||2||	Here and hereafter, the Lord's humble servants are embellished and exalted; their faces are radiant; as Gurmukh, they are carried across. ||2||	ਪ੍ਰਭੂ ਦੇ ਸੇਵਕ ਇਸ ਲੋਕ ਵਿਚ ਪਰਲੋਕ ਵਿਚ (ਨਾਮ ਦੀ ਬਰਕਤਿ ਨਾਲ) ਸੁਖੀ ਰਹਿੰਦੇ ਹਨ, ਉਹਨਾਂ ਦੇ ਮੁਖ (ਲੋਕ ਪਰਲੋਕ ਵਿਚ) ਰੌਸ਼ਨ ਰਹਿੰਦੇ ਹਨ, ਉਹ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ ॥੨॥
57088	1336	ਅਨਭਉ ਹਰਿ ਹਰਿ ਹਰਿ ਲਿਵ ਲਾਗੀ ਹਰਿ ਉਰ ਧਾਰਿਓ ਗੁਰਿ ਨਿਮਖਫਾ॥	ਅਨ-ਭਉ। ਨਿਮਖ-ਫਾ	Anabho Har Har Har Liv Laagee Har Our Dhhaariou Gur Nimakhafaa ||	I am lovingly attuned to the Fearless Lord, Har, Har, Har; through the Guru, I have enshrined the Lord within my heart in an instant.	ਪਰਮਾਤਮਾ ਉਤੇ ਕੋਈ ਡਰ-ਭਉ ਪ੍ਰਭਾਵ ਨਹੀਂ ਪਾ ਸਕਦਾ। ਗੁਰੂ ਦੀ ਰਾਹੀਂ ਜਿਸ ਮਨੁੱਖ ਨੇ ਉਸ ਪਰਮਾਤਮਾ ਵਿਚ ਸੁਰਤ ਜੋੜੀ, ਉਸ ਪਰਮਾਤਮਾ ਨੂੰ ਇਕ ਨਿਮਖ ਵਾਸਤੇ ਭੀ ਹਿਰਦੇ ਵਿਚ ਵਸਾਇਆ,
57089	1336	ਕੋਟਿ ਕੋਟਿ ਕੇ ਦੋਖ ਸਭ ਜਨ ਕੇ ਹਰਿ ਦੂਰਿ ਕੀਏ ਇਕ ਪਲਫਾ॥੩॥		Kott Kott Kae Dhokh Sabh Jan Kae Har Dhoor Keeeae Eik Palafaa ||3||	Millions upon millions of the faults and mistakes of the Lord's humble servant are all taken away in an instant. ||3||	ਪਰਮਾਤਮਾ ਨੇ ਉਸ ਸੇਵਕ ਦੇ ਕ੍ਰੋੜਾਂ ਜਨਮਾਂ ਦੇ ਸਾਰੇ ਪਾਪ ਇਕ ਪਲ ਵਿਚ ਦੂਰ ਕਰ ਦਿੱਤੇ ॥੩॥
57090	1336	ਤੁਮਰੇ ਜਨ ਤੁਮ ਹੀ ਤੇ ਜਾਨੇ ਪ੍ਰਭ ਜਾਨਿਓ ਜਨ ਤੇ ਮੁਖਫਾ॥		Thumarae Jan Thum Hee Thae Jaanae Prabh Jaaniou Jan Thae Mukhafaa ||	Your humble servants are known only through You, God; knowing You, they becomes supreme.	ਹੇ ਪ੍ਰਭੂ! ਤੇਰੇ ਭਗਤ ਤੇਰੀ ਹੀ ਮਿਹਰ ਨਾਲ (ਜਗਤ ਵਿਚ) ਪਰਗਟ ਹੁੰਦੇ ਹਨ। ਹੇ ਪ੍ਰਭੂ! ਜਿਨ੍ਹਾਂ ਨੇ ਤੇਰੇ ਨਾਲ ਸਾਂਝ ਪਾਈ, ਉਹ ਸੇਵਕ ਇੱਜ਼ਤ ਵਾਲੇ ਹੋ ਜਾਂਦੇ ਹਨ।

57091	1336	ਹਰਿ ਹਰਿ ਆਪੁ ਧਰਿਓ ਹਰਿ ਜਨ ਮਹਿ ਜਨ ਨਾਨਕੁ ਹਰਿ ਪ੍ਰਭੁ ਇਕਫਾ॥੪॥੫॥		Har Har Aap Dhhariou Har Jan Mehi Jan Naanak Har Prabh Eikafaa ||4||5||	The Lord, Har, Har, has enshrined Himself within His humble servant. O Nanak, the Lord God and His servant are one and the same. ||4||5||	ਪਰਮਾਤਮਾ ਨੇ ਆਪਣਾ ਆਪ ਆਪਣੇ ਭਗਤਾਂ ਦੇ ਅੰਦਰ ਰੱਖਿਆ ਹੁੰਦਾ ਹੈ। (ਤਾਹੀਏਂ, ਪਰਮਾਤਮਾ ਦਾ) ਸੇਵਕ (ਗੁਰੂ) ਨਾਨਕ ਅਤੇ ਹਰੀ-ਪ੍ਰਭੂ ਇੱਕ-ਰੂਪ ਹੈ ॥੪॥੫॥
57092	1337	ਪ੍ਰਭਾਤੀ ਮਹਲਾ ੪॥		Prabhaathee Mehalaa 4 ||	Prabhaatee, Fourth Mehl:	
57093	1337	ਗੁਰ ਸਤਿਗੁਰਿ ਨਾਮੁ ਦ੍ਰਿੜਾਇਓ ਹਰਿ ਹਰਿ ਹਮ ਮੁਏ ਜੀਵੇ ਹਰਿ ਜਪਿਭਾ॥	ਜਪਿ-ਭਾ	Gur Sathigur Naam Dhrirraaeiou Har Har Ham Mueae Jeevae Har Japibhaa ||	The Guru, the True Guru, has implanted the Naam, the Name of the Lord within me. I was dead, but chanting the Name of the Lord, Har, Har, I have been brought back to life.	ਅਸੀਂ ਜੀਵ ਆਤਮਕ ਮੌਤੇ ਮਰੇ ਰਹਿੰਦੇ ਹਾਂ। ਸਤਿਗੁਰੂ ਨੇ ਜਦੋਂ ਸਾਡੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਪੱਕਾ ਕਰ ਦਿੱਤਾ ਤਾਂ ਹਰਿ-ਨਾਮ ਜਪ ਕੇ ਅਸੀਂ ਆਤਮਕ ਜੀਵਨ ਹਾਸਲ ਕਰ ਲੈਂਦੇ ਹਾਂ।
57094	1337	ਧਨੁ ਧੰਨੁ ਗੁਰੂ ਗੁਰੁ ਸਤਿਗੁਰੁ ਪੂਰਾ ਬਿਖੁ ਡੁਬਦੇ ਬਾਹ ਦੇਇ ਕਢਿਭਾ॥੧॥	ਡੁੱਬਦੇ,ਕਢਿ-ਭਾ	Dhhan Dhhann Guroo Gur Sathigur Pooraa Bikh Ddubadhae Baah Dhaee Kadtibhaa ||1||	Blessed, blessed is the Guru, the Guru, the Perfect True Guru; He reached out to me with His Arm, and pulled me up and out of the ocean of poison. ||1||	ਪੂਰਾ ਗੁਰੂ ਧੰਨ ਹੈ, ਗੁਰੂ ਸਲਾਹੁਣ-ਜੋਗ ਹੈ। (ਆਤਮਕ ਮੌਤ ਲਿਆਉਣ ਵਾਲੀ ਮਾਇਆ ਦੇ ਮੋਹ ਦੇ) ਵਿਹੁਲੇ ਸਮੁੰਦਰ ਵਿਚ ਡੁੱਬਦਿਆਂ ਨੂੰ ਗੁਰੂ (ਆਪਣੀ) ਬਾਂਹ ਫੜਾ ਕੇ ਕੱਢ ਲੈਂਦਾ ਹੈ ॥੧॥

57095	1337	ਜਪਿ ਮਨ ਰਾਮ ਨਾਮੁ ਅਰਧਾਂਭਾ॥	ਪੂਰਨ ਪ੍ਰੇਮ ਭਾਵਨਾ ਨਾਲ ਜਪਣੇ (ਅਰਧਾਂਭਾ) ਅਰਾਧਣੇ ਯੋਗ। ਅਰਧਾਂਭਾ: ਭਾ ਬੱਬੇ ਭੱਬੇ ਦਾ ਵਿਚਾਲਾ ਕਸਕੇ ਬੋਲੋ	Jap Man Raam Naam Aradhhaanbhaa ||	O mind,meditate and worship the Lord's Name.	ਹੇ (ਮੇਰੇ) ਮਨ! ਪਰਮਾਤਮਾ ਦਾ ਨਾਮ ਜਪਿਆ ਕਰ; (ਇਹ ਨਾਮ) ਜਪਣ-ਜੋਗ ਹੈ।
57096	1337	ਉਪਜੰਪਿ ਉਪਾਇ ਨ ਪਾਈਐ ਕਤਹੂ ਗੁਰਿ ਪੂਰੈ ਹਰਿ ਪ੍ਰਭੁ ਲਾਭਾ॥੧॥ਰਹਾਉ॥		Oupajanp Oupaae N Paaeeai Kathehoo Gur Poorai Har Prabh Laabhaa ||1|| Rehaao ||	God is never found, even by making all sorts of new efforts. The Lord God is obtained only through the Perfect Guru. ||1||Pause||	ਕੰਨਾਂ ਵਿਚ ਜੋਈ ਗੁਪਤ ਮੰਤ੍ਰ ਦੇਣ ਆਦਿਕ ਦੇ ਢੰਗ ਨਾਲ ਕਦੇ ਭੀ ਪਰਮਾਤਮਾ ਨਹੀਂ ਮਿਲਦਾ। ਪੂਰੇ ਗੁਰੂ ਦੀ ਰਾਹੀਂ (ਨਾਮ ਜਪ ਕੇ ਹੀ) ਪਰਮਾਤਮਾ ਲੱਭਦਾ ਹੈ ॥੧॥ ਰਹਾਉ ॥
57097	1337	ਰਾਮ ਨਾਮੁ ਰਸੁ ਰਾਮ ਰਸਾਇਣੁ ਰਸੁ ਪੀਆ ਗੁਰਮਤਿ ਰਸਭਾ॥	ਰਸ–ਭਾ	Raam Naam Ras Raam Rasaaein Ras Peeaa Guramath Rasabhaa ||	The Sublime Essence of the Lord's Name is the source of nectar and bliss; drinking in this Sublime Essence, following the Guru's Teachings, I have become happy.	ਪਰਮਾਤਮਾ ਦਾ ਨਾਮ-ਰਸ (ਦੁਨੀਆ ਦੇ ਹੋਰ ਸਾਰੇ) ਰਸਾਂ ਦਾ ਘਰ ਹੈ (ਸਭ ਰਸਾਂ ਤੋਂ ਸ੍ਰੇਸ਼ਟ ਹੈ, ਪਰ) ਇਹ ਨਾਮ-ਰਸ ਗੁਰਮੱਤ ਦੇ ਰਸ ਦੀ ਰਾਹੀਂ ਪੀਤਾ ਜਾ ਸਕਦਾ ਹੈ।

57098	1337	ਲੋਹ ਮਨੂਰ ਕੰਚਨੁ ਮਿਲਿ ਸੰਗਤਿ ਹਰਿ ਉਰ ਧਾਰਿਓ ਗੁਰਿ ਹਰਿਭਾ॥੨॥	ਹਰਿ-ਭਾ	Loh Manoor Kanchan Mil Sangath Har Our Dhaariou Gur Haribhaa ||2||	Even iron slag is transformed into gold, joining the Lord's Congregation. Through the Guru, the Lord's Light is enshrined within the heart. ||2||	ਸੜਿਆ ਹੋਇਆ ਲੋਹਾ (ਪਾਰਸ ਨੂੰ ਮਿਲ ਕੇ) ਸੋਨਾ (ਹੋ ਜਾਂਦਾ ਹੈ, ਤਿਵੇਂ) ਸੰਗਤ ਵਿਚ ਮਿਲ ਕੇ (ਮਨੁੱਖ) ਪਰਮਾਤਮਾ ਦਾ ਨਾਮ-ਰਸ (ਆਪਣੇ) ਹਿਰਦੇ ਵਿਚ ਵਸਾ ਲੈਂਦਾ ਹੈ, ਗੁਰੂ ਦੀ ਰਾਹੀਂ ਰੱਬੀ ਜੋਤਿ ਉਸ ਦੇ ਅੰਦਰ ਪਰਗਟ ਹੋ ਜਾਂਦੀ ਹੈ ॥੨॥
57099	1337	ਹਉਮੈ ਬਿਖਿਆ ਨਿਤ ਲੋਭਿ ਲੁਭਾਨੇ ਪੁਤ ਕਲਤ ਮੋਹਿ ਲੁਭਿਭਾ॥	ਕ-ਲੱਤ। ਲੁਭਿ-ਭਾ	Houmai Bikhiaa Nith Lobh Lubhaanae Puth Kalath Mohi Lubhibhaa ||	Those who are continually lured by greed, egotism and corruption, who are lured away by emotional attachment to their children and spouse	ਜਿਹੜੇ ਮਨੁੱਖ ਹਉਮੈ ਵਿਚ ਗ੍ਰਸੇ ਰਹਿੰਦੇ ਹਨ, ਮਾਇਆ ਦੇ ਲੋਭ ਵਿਚ ਸਦਾ ਫਸੇ ਰਹਿੰਦੇ ਹਨ, ਪੁੱਤਰ ਇਸਤ੍ਰੀ ਦੇ ਮੋਹ ਵਿਚ ਘਿਰੇ ਰਹਿੰਦੇ ਹਨ,
57100	1337	ਤਿਨ ਪਗ ਸੰਤ ਨ ਸੇਵੇ ਕਬਹੂ ਤੇ ਮਨਮੁਖ ਭੂੰਭਰ ਭਰਭਾ॥੩॥	ਭਰ-ਭਾ	Thin Pag Santh N Saevae Kabehoo Thae Manamukh Bhoonbhar Bharabhaa ||3||	- they never serve at the feet of the Saints; those self-willed manmukhs are filled with ashes. ||3||	ਉਹਨਾਂ ਨੇ ਕਦੇ ਸੰਤ-ਜਨਾਂ ਦੇ ਚਰਨ ਨਹੀਂ ਛੁਹੇ ਹੁੰਦੇ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਉਹਨਾਂ ਮਨੁੱਖਾਂ ਦੇ ਅੰਦਰ (ਤ੍ਰਿਸ਼ਨਾ ਦੀ) ਭੁੱਬਲ ਧੁੱਖਦੀ ਰਹਿੰਦੀ ਹੈ ॥੩॥
57101	1337	ਤੁਮਰੇ ਗੁਨ ਤੁਮ ਹੀ ਪ੍ਰਭ ਜਾਨਹੁ ਹਮ ਪਰੇ ਹਾਰਿ ਤੁਮ ਸਰਨਭਾ॥	ਸਰਨ-ਭਾ	Thumarae Gun Thum Hee Prabh Jaanahu Ham Parae Haar Thum Saranabhaa ||	O God, You alone know Your Glorious Virtues; I have grown weary - I seek Your Sanctuary.	ਹੇ ਪ੍ਰਭੂ! ਆਪਣੇ ਗੁਣ ਤੂੰ ਆਪ ਹੀ ਜਾਣਦਾ ਹੈਂ। ਅਸੀਂ ਜੀਵ (ਹੋਰ ਸਭ ਪਾਸਿਆਂ ਵਲੋਂ) ਹਾਰ ਕੇ ਤੇਰੀ ਹੀ ਸਰਨ ਆ ਪੈਂਦੇ ਹਾਂ।

57102	1337	ਜਿਉ ਜਾਨਹੁ ਤਿਉ ਰਾਖਹੁ ਸੁਆਮੀ ਜਨ ਨਾਨਕੁ ਦਾਸੁ ਤੁਮਨਭਾ॥੪॥੬॥ ਛਕਾ ੧॥	ਤੁਮਨ-ਭਾ। ਛੇ ਸਬਦ ਇੱਕ ਛੱਕਾ। ਛੱਕਾ ਇੱਕ ਬੋਲੋ	Jio Jaanahu Thio Raakhahu Suaamee Jan Naanak Dhaas Thumanabhaa ||4||6||	As You know best, You preserve and protect me, O my Lord and Master; servant Nanak is Your slave. ||4||6||	ਹੇ ਸੁਆਮੀ! ਜਿਵੇਂ ਹੋ ਸਕੇ, ਮੇਰੀ ਰੱਖਿਆ ਕਰ (ਮੈਂ) ਨਾਨਕ ਤੇਰਾ ਹੀ ਦਾਸ ਹਾਂ ॥੪॥੬॥ ਛਕਾ ੧ ॥
57103	1337	ਪ੍ਰਭਾਤੀ ਬਿਭਾਸ ਪੜਤਾਲ ਮਹਲਾ ੪		Prabhaathee Bibhaas Parrathaal Mehalaa 4	Prabhaatee, Bibhaas, Partaal, Fourth Mehl:	ਰਾਗ ਪ੍ਰਭਾਤੀ/ਬਿਭਾਗ ਵਿੱਚ ਗੁਰੂ ਰਾਮਦਾਸ ਜੀ ਦੀ ਬਾਣੀ 'ਪੜਤਾਲ'।
57104	1337	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
57105	1337	ਜਪਿ ਮਨ ਹਰਿ ਹਰਿ ਨਾਮੁ ਨਿਧਾਨ॥		Jap Man Har Har Naam Nidhhaan ||	O mind, meditate on the Treasure of the Name of the Lord, Har, Har.	ਹੇ (ਮੇਰੇ) ਮਨ! ਹਰ ਵੇਲੇ ਪਰਮਾਤਮਾ ਦਾ ਨਾਮ ਜਪਿਆ ਕਰ (ਇਹੀ ਹੈ ਅਸਲ) ਖ਼ਜ਼ਾਨਾ।
57106	1337	ਹਰਿ ਦਰਗਹ ਪਾਵਹਿ ਮਾਨ॥		Har Dharageh Paavehi Maan ||	You shall be honored in the Court of the Lord.	(ਨਾਮ ਦੀ ਬਰਕਤਿ ਨਾਲ) ਤੂੰ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਹਾਸਲ ਕਰੇਂਗਾ।

57107	1337	ਜਿਨਿ ਜਪਿਆ ਤੇ ਪਾਰਿ ਪਰਾਨ॥੧॥ਰਹਾਉ॥		Jin Japiaa Thae Paar Paraan ||1|| Rehaao ||	Those who chant and meditate shall be carried across to the other shore. ||1||Pause||	ਜਿਸ ਜਿਸ ਨੇ ਨਾਮ ਜਪਿਆ ਹੈ ਉਹ ਸਭ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ ॥੧॥ ਰਹਾਉ ॥
57108	1337	ਸੁਨਿ ਮਨ ਹਰਿ ਹਰਿ ਨਾਮੁ ਕਰਿ ਧਿਆਨੁ॥		Sun Man Har Har Naam Kar Dhhiaan ||	Listen, O mind: meditate on the Name of the Lord, Har, Har.	ਹੇ (ਮੇਰੇ) ਮਨ! ਧਿਆਨ ਜੋੜ ਕੇ ਸਦਾ ਪਰਮਾਤਮਾ ਦਾ ਨਾਮ ਸੁਣਿਆ ਕਰ।
57109	1337	ਸੁਨਿ ਮਨ ਹਰਿ ਕੀਰਤਿ ਅਠਸਠਿ ਮਜਾਨੁ॥		Sun Man Har Keerath Athasath Majaan ||	Listen, O mind: the Kirtan of the Lord's Praises is equal to bathing at the sixty-eight sacred shrines of pilgrimage.	ਹੇ ਮਨ! ਪਰਮਾਤਮਾ ਦੀ ਸਿਫ਼ਤ-ਸਾਲਾਹ ਸੁਣਿਆ ਕਰ (ਇਹੀ ਹੈ) ਅਠਾਹਠ ਤੀਰਥਾਂ ਦਾ ਇਸ਼ਨਾਨ।
57110	1337	ਸੁਨਿ ਮਨ ਗੁਰਮੁਖਿ ਪਾਵਹਿ ਮਾਨੁ॥੧॥		Sun Man Guramukh Paavehi Maan ||1||	Listen, O mind: as Gurmukh, you shall be blessed with honor. ||1||	ਹੇ ਮਨ! ਗੁਰੂ ਦੀ ਸਰਨ ਪੈ ਕੇ (ਪਰਮਾਤਮਾ ਦਾ ਨਾਮ) ਸੁਣਿਆ ਕਰ (ਲੋਕ ਪਰਲੋਕ ਵਿਚ) ਇੱਜ਼ਤ ਖੱਟੇਂਗਾ ॥੧॥
57111	1337	ਜਪਿ ਮਨ ਪਰਮੇਸੁਰੁ ਪਰਧਾਨੁ॥		Jap Man Paramaesur Paradhhaan ||	O mind, chant and meditate on the Supreme Transcendent Lord God.	ਹੇ ਮਨ! ਪਰਮੇਸਰ (ਦਾ ਨਾਮ) ਜਪਿਆ ਕਰ (ਉਹੀ ਸਭ ਤੋਂ) ਵੱਡਾ (ਹੈ)।

57112	1337	ਖਿਨ ਖੋਵੈ ਪਾਪ ਕੋਟਾਨ॥		Khin Khovai Paap Kottaan ||	Millions of sins shall be destroyed in an instant.	(ਨਾਮ ਜਪਣ ਦੀ ਬਰਕਤਿ ਨਾਲ) ਕ੍ਰੋੜਾਂ ਪਾਪਾਂ ਦਾ ਨਾਸ (ਇਕ) ਖਿਨ ਵਿਚ ਹੋ ਜਾਂਦਾ ਹੈ।
57113	1337	ਮਿਲੁ ਨਾਨਕ ਹਰਿ ਭਗਵਾਨ॥੨॥੧॥੭॥		Mil Naanak Har Bhagavaan ||2||1||7||	O Nanak, you shall meet with the Lord God. ||2||1||7||	ਹੇ ਨਾਨਕ! ਸਦਾ ਹਰੀ ਭਗਵਾਨ (ਦੇ ਚਰਨਾਂ ਵਿਚ) ਜੁੜਿਆ ਰਹੁ ॥੨॥੧॥੭॥
57114	1337	ਪ੍ਰਭਾਤੀ ਮਹਲਾ ੫ ਬਿਭਾਸ		Prabhaathee Mehalaa 5 Bibhaasa	Prabhaatee, Fifth Mehl, Bibhaas:	ਰਾਗ ਪ੍ਰਭਾਤੀ/ਬਿਭਾਗ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।
57115	1337	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
57116	1337	ਮਨੁ ਹਰਿ ਕੀਆ ਤਨੁ ਸਭੁ ਸਾਜਿਆ॥		Man Har Keeaa Than Sabh Saajiaa ||	The Lord created the mind, and fashioned the entire body.	ਜਿਸ ਪਰਮਾਤਮਾ ਨੇ (ਤੇਰਾ) ਮਨ ਬਣਾਇਆ, (ਤੇਰਾ) ਸਰੀਰ ਬਣਾਇਆ,
57117	1337	ਪੰਚ ਤਤ ਰਚਿ ਜੋਤਿ ਨਿਵਾਜਿਆ॥		Panch Thath Rach Joth Nivaajiaa ||	From the five elements, He formed it, and infused His Light within it.	(ਮਿੱਟੀ ਹਵਾ ਆਦਿਕ) ਪੰਜ ਤੱਤਾਂ ਦਾ ਪੁਤਲਾ ਬਣਾ ਕੇ (ਉਸ ਨੂੰ ਆਪਣੀ) ਜੋਤਿ ਨਾਲ ਸੋਹਣਾ ਬਣਾ ਦਿੱਤਾ,
57118	1337	ਸਿਹਜਾ ਧਰਤਿ ਬਰਤਨ ਕਉ ਪਾਨੀ॥		Sihajaa Dhharath Barathan Ko Paanee ||	He made the earth its bed, and water for it to use.	(ਜਿਸ ਨੇ ਤੈਨੂੰ) ਲੇਟਣ ਵਾਸਤੇ ਧਰਤੀ ਦਿੱਤੀ, (ਜਿਸ ਨੇ ਤੈਨੂੰ) ਵਰਤਣ ਲਈ ਪਾਣੀ ਦਿੱਤਾ,

57119	1337	ਨਿਮਖ ਨ ਵਿਸਾਰਹੁ ਸੇਵਹੁ ਸਾਰਿਗਪਾਨੀ॥੧॥		Nimakh N Visaarahu Saevahu Saarigapaanee ||1||	Do not forget Him for an instant; serve the Lord of the World. ||1||	ਉਸ ਪਰਮਾਤਮਾ ਨੂੰ ਕਦੇ ਨਾਹ ਭੁਲਾਓ, ਉਸ ਨੂੰ (ਹਰ ਵੇਲੇ) ਸਿਮਰਦੇ ਰਹੋ ॥੧॥
57120	1337	ਮਨ ਸਤਿਗੁਰੁ ਸੇਵਿ ਹੋਇ ਪਰਮਗਤੇ॥		Man Sathigur Saev Hoe Param Gathae ||	O mind, serve the True Guru, and obtain the supreme status.	ਹੇ (ਮੇਰੇ) ਮਨ! ਗੁਰੂ ਦੀ ਸਰਨ ਪਿਆ ਰਹੁ (ਇਸ ਤਰ੍ਹਾਂ) ਸਭ ਤੋਂ ਉੱਚੀ ਆਤਮਕ ਅਵਸਥਾ ਪ੍ਰਾਪਤ ਹੋ ਜਾਂਦੀ ਹੈ।
57121	1337	ਹਰਖ ਸੋਗ ਤੇ ਰਹਹਿ ਨਿਰਾਰਾ ਤਾਂ ਤੂ ਪਾਵਹਿ ਪ੍ਰਾਨਪਤੇ॥੧॥ਰਹਾਉ ॥		Harakh Sog Thae Rehehi Niraaraa Thaan Thoo Paavehi Praanapathae ||1|| Rehaao ||	If you remain unattached and unaffected by sorrow and joy, then you shall find the Lord of Life. ||1||Pause||	ਜੇ ਤੂੰ (ਗੁਰੂ ਦੇ ਦਰ ਤੇ ਰਹਿ ਕੇ) ਖ਼ੁਸ਼ੀ ਗ਼ਮੀ ਤੋਂ ਨਿਰਲੇਪ ਟਿਕਿਆ ਰਹੇਂ, ਤਾਂ ਤੂੰ ਜਿੰਦ ਦੇ ਮਾਲਕ ਪ੍ਰਭੂ ਨੂੰ ਮਿਲ ਪਏਂਗਾ ॥੧॥ ਰਹਾਉ ॥
57122	1337	ਕਾਪੜ ਭੋਗ ਰਸ ਅਨਿਕ ਭੁੰਚਾਏ॥		Kaaparr Bhog Ras Anik Bhunchaaeae ||	He makes all the various pleasures, clothes and foods for you to enjoy.	ਜਿਸ ਪਰਮਾਤਮਾ ਨੇ ਤੈਨੂੰ ਅਨੇਕਾਂ (ਕਿਸਮਾਂ ਦੇ) ਕੱਪੜੇ ਵਰਤਣ ਨੂੰ ਦਿੱਤੇ, ਜਿਸ ਨੇ ਤੈਨੂੰ ਅਨੇਕਾਂ ਚੰਗੇ ਚੰਗੇ ਪਦਾਰਥ ਖਾਣ-ਪੀਣ ਨੂੰ ਦਿੱਤੇ,
57123	1337	ਮਾਤ ਪਿਤਾ ਕੁਟੰਬ ਸਗਲ ਬਨਾਏ॥		Maath Pithaa Kuttanb Sagal Banaaeae ||	He made your mother, father and all relatives.	ਜਿਸ ਨੇ ਤੇਰੇ ਵਾਸਤੇ ਮਾਂ ਪਿਉ ਪਰਵਾਰ (ਆਦਿਕ) ਸਾਰੇ ਸੰਬੰਧੀ ਬਣਾ ਦਿੱਤੇ,
57124	1337	ਰਿਜਕੁ ਸਮਾਹੇ ਜਲਿ ਥਲਿ ਮੀਤ॥		Rijak Samaahae Jal Thhal Meeth ||	He provides sustenance to all, in the water and on the land, O friend.	ਹੇ ਮਿੱਤਰ! ਜਿਹੜਾ ਪਰਮਾਤਮਾ ਪਾਣੀ ਵਿਚ ਧਰਤੀ ਵਿਚ (ਹਰ ਥਾਂ ਜੀਵਾਂ ਨੂੰ) ਰਿਜ਼ਕ ਅਪੜਾਂਦਾ ਹੈ,

57125	1337	ਸੋ ਹਰਿ ਸੇਵਹੁ ਨੀਤਾ ਨੀਤ॥੨॥		So Har Saevahu Neethaa Neeth ||2||	So serve the Lord, forever and ever. ||2||	ਉਸ ਪਰਮਾਤਮਾ ਨੂੰ ਸਦਾ ਹੀ ਸਦਾ ਹੀ ਯਾਦ ਕਰਦੇ ਰਹੋ ॥੨॥
57126	1337	ਤਹਾ ਸਖਾਈ ਜਹ ਕੋਇ ਨ ਹੋਵੈ॥		Thehaa Sakhaaee Jeh Koe N Hovai ||	He shall be your Helper and Support there, where no one else can help you.	ਜਿੱਥੇ ਕੋਈ ਭੀ ਮਦਦ ਨਹੀਂ ਕਰ ਸਕਦਾ, ਪਰਮਾਤਮਾ ਉੱਥੇ (ਭੀ) ਸਾਥੀ ਬਣਦਾ ਹੈ,
57127	1337	ਕੋਟਿ ਅਪ੍ਰਾਧ ਇਕ ਖਿਨ ਮਹਿ ਧੋਵੈ॥		Kott Apraadhh Eik Khin Mehi Dhhovai ||	He washes away millions of sins in an instant.	(ਜੀਵਾਂ ਦੇ) ਕ੍ਰੋੜਾਂ ਪਾਪ ਇਕ ਖਿਨ ਵਿਚ ਧੋ ਦੇਂਦਾ ਹੈ।
57128	1337	ਦਾਤਿ ਕਰੈ ਨਹੀ ਪਛੋਤਾਵੈ॥		Dhaath Karai Nehee Pashhuothaavai ||	He bestows His Gifts, and never regrets them.	ਉਹ ਪ੍ਰਭੂ (ਸਭ ਜੀਵਾਂ ਨੂੰ) ਦਾਤਾਂ ਦੇਂਦਾ ਰਹਿੰਦਾ ਹੈ, ਕਦੇ (ਇਸ ਗੱਲੋਂ) ਪਛੁਤਾਂਦਾ ਨਹੀਂ।
57129	1337	ਏਕਾ ਬਖਸ ਫਿਰਿ ਬਹੁਰਿ ਨ ਬੁਲਾਵੈ॥੩॥		Eaekaa Bakhas Fir Bahur N Bulaavai ||3||	He forgives, once and for all, and never asks for one's account again. ||3||	(ਜਿਸ ਪ੍ਰਾਣੀ ਉਤੇ) ਇਕ ਵਾਰੀ ਬਖ਼ਸ਼ਸ਼ ਕਰ ਦੇਂਦਾ ਹੈ, ਉਸ ਨੂੰ (ਉਸ ਦੇ ਲੇਖਾ ਮੰਗਣ ਲਈ) ਫਿਰ ਨਹੀਂ ਸੱਦਦਾ ॥੩॥
57130	1338	ਕਿਰਤ ਸੰਜੋਗੀ ਪਾਇਆ ਭਾਲਿ॥		Kirath Sanjogee Paaeiaa Bhaal ||	By pre-ordained destiny, I have searched and found God.	ਪਿਛਲੇ ਕੀਤੇ ਕਰਮਾਂ ਦੇ ਸੰਜੋਗਾਂ ਨਾਲ (ਪਰਮਾਤਮਾ ਨੂੰ ਸਾਧ ਸੰਗਤ ਵਿਚ) ਢੂੰਢ ਕੇ ਲੱਭ ਲਈਦਾ ਹੈ।
57131	1338	ਸਾਧਸੰਗਤਿ ਮਹਿ ਬਸੇ ਗੁਪਾਲ॥		Saadhhasangath Mehi Basae Gupaal ||	In the Saadh Sangat, the Company of the Holy, the Lord of the World abides.	ਸ੍ਰਿਸ਼ਟੀ ਦਾ ਰੱਖਿਅਕ ਪ੍ਰਭੂ ਸਾਧ ਸੰਗਤ ਵਿਚ ਵੱਸਦਾ ਹੈ।

57132	1338	ਗੁਰ ਮਿਲਿ ਆਏ ਤੁਮਰੈ ਦੁਆਰ॥		Gur Mil Aaeae Thumarai Dhuaar ||	Meeting with the Guru, I have come to Your Door.	ਹੇ ਪ੍ਰਭੂ ਗੁਰੂ ਦੀ ਸਰਨ ਪੈ ਕੇ ਮੈਂ ਤੇਰੇ ਦਰ ਤੇ ਆਇਆ ਹਾਂ।
57133	1338	ਜਨ ਨਾਨਕ ਦਰਸਨੁ ਦੇਹੁ ਮੁਰਾਰਿ॥੪॥੧॥		Jan Naanak Dharasan Dhaehu Muraar ||4||1||	O Lord, please bless servant Nanak with the Blessed Vision of Your Darshan. ||4||1||	ਹੇ ਮੁਰਾਰੀ! (ਆਪਣੇ) ਦਾਸ ਨਾਨਕ ਨੂੰ (ਆਪਣਾ) ਦੀਦਾਰ ਬਖ਼ਸ਼ ॥੪॥੧॥
57134	1338	ਪ੍ਰਭਾਤੀ ਮਹਲਾ ੫॥		Prabhaathee Mehalaa 5 ||	Prabhaatee, Fifth Mehl:	
57135	1338	ਪ੍ਰਭ ਕੀ ਸੇਵਾ ਜਨ ਕੀ ਸੋਭਾ॥		Prabh Kee Saevaa Jan Kee Sobhaa ||	Serving God, His humble servant is glorified.	ਪਰਮਾਤਮਾ ਦੀ ਭਗਤੀ ਨਾਲ ਪਰਮਾਤਮਾ ਦੇ ਭਗਤ ਦੀ ਵਡਿਆਈ (ਲੋਕ ਪਰਲੋਕ ਵਿਚ) ਹੁੰਦੀ ਹੈ,
57136	1338	ਕਾਮ ਕ੍ਰੋਧ ਮਿਟੇ ਤਿਸੁ ਲੋਭਾ॥		Kaam Krodhh Mittae This Lobhaa ||	Unfulfilled sexual desire, unresolved anger and unsatisfied greed are eradicated.	ਉਸ ਦੇ ਅੰਦਰੋਂ ਕਾਮ ਕ੍ਰੋਧ ਲੋਭ (ਆਦਿਕ ਵਿਕਾਰ) ਮਿਟ ਜਾਂਦੇ ਹਨ।
57137	1338	ਨਾਮੁ ਤੇਰਾ ਜਨ ਕੈ ਭੰਡਾਰਿ॥		Naam Thaeraa Jan Kai Bhanddaar ||	Your Name is the treasure of Your humble servant.	ਹੇ ਪ੍ਰਭੂ! ਤੇਰਾ ਨਾਮ-ਧਨ ਤੇਰੇ ਭਗਤਾਂ ਦੇ ਖ਼ਜ਼ਾਨੇ ਵਿਚ (ਭਰਪੂਰ ਰਹਿੰਦਾ ਹੈ)।
57138	1338	ਗੁਨ ਗਾਵਹਿ ਪ੍ਰਭ ਦਰਸ ਪਿਆਰਿ ॥੧॥		Gun Gaavehi Prabh Dharas Piaar ||1||	Singing His Praises, I am in love with the Blessed Vision of God's Darshan. ||1||	ਹੇ ਪ੍ਰਭੂ! ਤੇਰੇ ਭਗਤ ਤੇਰੇ ਦੀਦਾਰ ਦੀ ਤਾਂਘ ਵਿਚ ਤੇਰੇ ਗੁਣ ਗਾਂਦੇ ਰਹਿੰਦੇ ਹਨ ॥੧॥

57139	1338	ਤੁਮਰੀ ਭਗਤਿ ਪ੍ਰਭ ਤੁਮਹਿ ਜਨਾਈ॥		Thumaree Bhagath Prabh Thumehi Janaaee ||	You are known, O God, by Your devotees.	ਹੇ ਪ੍ਰਭੂ! ਆਪਣੀ ਭਗਤੀ (ਆਪਣੇ ਸੇਵਕਾਂ ਨੂੰ) ਤੂੰ ਆਪ ਹੀ ਸਮਝਾਈ ਹੈ,
57140	1338	ਕਾਟਿ ਜੇਵਰੀ ਜਨ ਲੀਏ ਛਡਾਈ॥੧॥ਰਹਾਉ॥		Kaatt Jaevaree Jan Leeeae Shhaddaaee ||1|| Rehaao ||	Breaking their bonds, You emancipate them. ||1||Pause||	(ਉਹਨਾਂ ਦੀ ਮੋਹ ਦੀ) ਫਾਹੀ ਕੱਟ ਕੇ ਆਪਣੇ ਸੇਵਕਾਂ ਨੂੰ ਤੂੰ ਆਪ ਹੀ (ਮਾਇਆ ਦੇ ਮੋਹ ਤੋਂ) ਬਚਾਇਆ ਹੈ ॥੧॥ ਰਹਾਉ ॥
57141	1338	ਜੋ ਜਨੁ ਰਾਤਾ ਪ੍ਰਭ ਕੈ ਰੰਗਿ॥		Jo Jan Raathaa Prabh Kai Rang ||	Those humble beings who are imbued with God's Love	ਜਿਹੜਾ ਜਿਹੜਾ ਮਨੁੱਖ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਗਿਆ,
57142	1338	ਤਿਨ ਸੁਖੁ ਪਾਇਆ ਪ੍ਰਭ ਕੈ ਸੰਗਿ॥		Thin Sukh Paaeiaa Prabh Kai Sang ||	Find peace in God's Congregation.	ਉਹਨਾਂ ਨੇ ਪਰਮਾਤਮਾ ਦੇ (ਚਰਨਾਂ) ਨਾਲ (ਲੱਗ ਕੇ) ਆਤਮਕ ਆਨੰਦ ਪ੍ਰਾਪਤ ਕੀਤਾ।
57143	1338	ਜਿਸੁ ਰਸੁ ਆਇਆ ਸੋਈ ਜਾਨੈ॥		Jis Ras Aaeiaa Soee Jaanai ||	They alone understand this, to whom this subtle essence comes.	(ਪਰ ਉਸ ਆਨੰਦ ਨੂੰ ਬਿਆਨ ਨਹੀਂ ਕੀਤਾ ਜਾ ਸਕਦਾ) ਜਿਸ ਮਨੁੱਖ ਨੂੰ ਉਹ ਆਨੰਦ ਆਉਂਦਾ ਹੈ, ਉਹੀ ਉਸ ਨੂੰ ਜਾਣਦਾ ਹੈ।
57144	1338	ਪੇਖਿ ਪੇਖਿ ਮਨ ਮਹਿ ਹੈਰਾਨੈ॥੨॥		Paekh Paekh Man Mehi Hairaanai ||2||	Beholding it, and gazing upon it, in their minds they are wonderstruck. ||2||	ਉਹ ਮਨੁੱਖ (ਪਰਮਾਤਮਾ ਦਾ) ਦਰਸਨ ਕਰ ਕਰ ਕੇ (ਆਪਣੇ) ਮਨ ਵਿਚ ਵਾਹ ਵਾਹ ਕਰ ਉੱਠਦਾ ਹੈ ॥੨॥

57145	1338	ਸੋ ਸੁਖੀਆ ਸਭ ਤੇ ਊਤਮੁ ਸੋਇ॥		So Sukheeaa Sabh Thae Ootham Soe ||	They are at peace, the most exalted of all,	ਉਹ ਮਨੁੱਖ ਸੁਖੀ ਹੋ ਜਾਂਦਾ ਹੈ, ਉਹ ਹੋਰ ਸਭਨਾਂ ਨਾਲੋਂ ਸ੍ਰੇਸ਼ਟ ਜੀਵਨ ਵਾਲਾ ਹੋ ਜਾਂਦਾ ਹੈ,
57146	1338	ਜਾ ਕੈ ਹ੍ਰਿਦੈ ਵਸਿਆ ਪ੍ਰਭੁ ਸੋਇ॥		Jaa Kai Hridhai Vasiaa Prabh Soe ||	Within whose hearts God dwells.	ਜਿਸ (ਮਨੁੱਖ) ਦੇ ਹਿਰਦੇ ਵਿਚ ਉਹ ਪਰਮਾਤਮਾ ਆ ਵੱਸਦਾ ਹੈ।
57147	1338	ਸੋਈ ਨਿਹਚਲੁ ਆਵੈ ਨ ਜਾਇ॥		Soee Nihachal Aavai N Jaae ||	They are stable and unchanging; they do not come and go in reincarnation.	ਉਹ ਮਨੁੱਖ ਸਦਾ ਅਡੋਲ ਚਿੱਤ ਰਹਿੰਦਾ ਹੈ, ਉਹ ਕਦੇ ਭਟਕਦਾ ਨਹੀਂ ਫਿਰਦਾ,
57148	1338	ਅਨ ਦਿਨੁ ਪ੍ਰਭ ਕੇ ਹਰਿ ਗੁਣ ਗਾਇ॥੩॥		Anadhin Prabh Kae Har Gun Gaae ||3||	Night and day, they sing the Glorious Praises of the Lord God. ||3||	ਉਹ ਮਨੁੱਖ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ॥੩॥
57149	1338	ਤਾ ਕਉ ਕਰਹੁ ਸਗਲ ਨਮਸਕਾਰੁ॥		Thaa Ko Karahu Sagal Namasakaar ||	All bow down in humble respect to those	ਹੇ ਭਾਈ! ਉਸ ਮਨੁੱਖ ਦੇ ਅੱਗੇ ਸਾਰੇ ਆਪਣਾ ਸਿਰ ਨਿਵਾਇਆ ਕਰੋ,
57150	1338	ਜਾ ਕੈ ਮਨਿ ਪੂਰਨੁ ਨਿਰੰਕਾਰੁ॥		Jaa Kai Man Pooran Nirankaar ||	Whose minds are filled with the Formless Lord.	ਜਿਸ ਦੇ ਮਨ ਵਿਚ ਪਰਮਾਤਮਾ ਆ ਵੱਸਦਾ ਹੈ।
57151	1338	ਕਰਿ ਕਿਰਪਾ ਮੋਹਿ ਠਾਕੁਰ ਦੇਵਾ॥		Kar Kirapaa Mohi Thaakur Dhaevaa ||	Show mercy unto me, O my Divine Lord and Master.	ਹੇ ਠਾਕੁਰ ਪ੍ਰਭੂ! ਹੇ ਪ੍ਰਕਾਸ਼-ਰੂਪ ਪ੍ਰਭੂ! ਮੇਰੇ ਉਤੇ ਮਿਹਰ ਕਰ,

57152	1338	ਨਾਨਕੁ ਉਧਰੈ ਜਨ ਕੀ ਸੇਵਾ॥੪॥੨॥		Naanak Oudhharai Jan Kee Saevaa ||4||2||	May Nanak be saved, by serving these humble beings. ||4||2||	(ਤੇਰਾ ਸੇਵਕ) ਨਾਨਕ ਤੇਰੇ ਭਗਤ ਦੀ ਸਰਨ ਵਿਚ ਰਹਿ ਕੇ (ਵਿਕਾਰਾਂ ਤੋਂ) ਬਚਿਆ ਰਹੇ ॥੪॥੨॥
57153	1338	ਪ੍ਰਭਾਤੀ ਮਹਲਾ ੫॥		Prabhaathee Mehalaa 5 ||	Prabhaatee, Fifth Mehl:	
57154	1338	ਗੁਨ ਗਾਵਤ ਮਨਿ ਹੋਇ ਅਨੰਦ॥		Gun Gaavath Man Hoe Anandh ||	Singing His Glorious Praises, the mind is in ecstasy.	ਪਰਮਾਤਮਾ ਦੇ ਗੁਣ ਗਾਂਦਿਆਂ ਮਨ ਵਿਚ ਆਨੰਦ ਪੈਦਾ ਹੁੰਦਾ ਹੈ,
57155	1338	ਆਠ ਪਹਰ ਸਿਮਰਉ ਭਗਵੰਤ॥		Aath Pehar Simaro Bhagavanth ||	Twenty-four hours a day, I meditate in remembrance on God.	(ਤਾਹੀਏਂ) ਮੈਂ ਅੱਠੇ ਪਹਰ ਭਗਵਾਨ (ਦਾ ਨਾਮ) ਸਿਮਰਦਾ ਹਾਂ।
57156	1338	ਜਾ ਕੈ ਸਿਮਰਨਿ ਕਲਮਲ ਜਾਹਿ॥		Jaa Kai Simaran Kalamal Jaahi ||	Remembering Him in meditation, the sins go away.	ਜਿਸ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ ਸਿਮਰਨ ਦੀ ਰਾਹੀਂ (ਸਾਰੇ) ਪਾਪ ਦੂਰ ਹੋ ਜਾਂਦੇ ਹਨ,
57157	1338	ਤਿਸੁ ਗੁਰ ਕੀ ਹਮ ਚਰਨੀ ਪਾਹਿ॥੧॥		This Gur Kee Ham Charanee Paahi ||1||	I fall at the Feet of that Guru. ||1||	ਮੈਂ ਉਸ ਗੁਰੂ ਦੀ (ਸਦਾ) ਚਰਨੀਂ ਲੱਗਾ ਰਹਿੰਦਾ ਹਾਂ ॥੧॥
57158	1338	ਸੁਮਤਿ ਦੇਵਹੁ ਸੰਤ ਪਿਆਰੇ॥	ਸੁ-ਮੱਤਿ	Sumath Dhaevahu Santh Piaarae ||	O beloved Saints, please bless me with wisdom;	ਹੇ ਪਿਆਰੇ ਸਤਿਗੁਰੂ! (ਮੈਨੂੰ) ਚੰਗੀ ਅਕਲ ਬਖ਼ਸ਼,

57159	1338	ਸਿਮਰਉ ਨਾਮੁ ਮੋਹਿ ਨਿਸਤਾਰੇ॥੧॥ਰਹਾਉ ॥		Simaro Naam Mohi Nisathaarae ||1|| Rehaao ||	Let me meditate on the Naam, the Name of the Lord, and be emancipated. ||1||Pause||	(ਜਿਸ ਦੀ ਰਾਹੀਂ) ਮੈਂ ਪਰਮਾਤਮਾ ਦਾ ਨਾਮ ਸਿਮਰਦਾ ਰਹਾਂ (ਜਿਹੜਾ ਨਾਮ) ਮੈਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲਏ ॥੧॥ ਰਹਾਉ ॥
57160	1338	ਜਿਨਿ ਗੁਰਿ ਕਹਿਆ ਮਾਰਗੁ ਸੀਧਾ॥	ਸੀੱਧਾ: ਕਸਕੇ ਬੋਲੋ	Jin Gur Kehiaa Maarag Seedhhaa ||	The Guru has shown me the straight path;	ਜਿਸ ਗੁਰੂ ਨੇ (ਆਤਮਕ ਜੀਵਨ ਦਾ) ਸਿੱਧਾ ਰਸਤਾ ਦੱਸਿਆ ਹੈ,
57161	1338	ਸਗਲ ਤਿਆਗਿ ਨਾਮਿ ਹਰਿ ਗੀਧਾ॥		Sagal Thiaag Naam Har Geedhhaa ||	I have abandoned everything else. I am enraptured with the Name of the Lord.	(ਜਿਸ ਦੀ ਬਰਕਤਿ ਨਾਲ ਮਨੁੱਖ) ਹੋਰ ਸਾਰੇ (ਮੋਹ) ਛੱਡ ਕੇ ਪਰਮਾਤਮਾ ਦੇ ਨਾਮ ਵਿਚ ਪਰਚਿਆ ਰਹਿੰਦਾ ਹੈ,
57162	1338	ਤਿਸੁ ਗੁਰ ਕੈ ਸਦਾ ਬਲਿ ਜਾਈਐ॥		This Gur Kai Sadhaa Bal Jaaeeai ||	I am forever a sacrifice to that Guru;	ਉਸ ਗੁਰੂ ਤੋਂ ਸਦਾ ਕੁਰਬਾਨ ਜਾਣਾ ਚਾਹੀਦਾ ਹੈ,
57163	1338	ਹਰਿ ਸਿਮਰਨੁ ਜਿਸੁ ਗੁਰ ਤੇ ਪਾਈਐ॥੨॥		Har Simaran Jis Gur Thae Paaeeai ||2||	I meditate in remembrance on the Lord, through the Guru. ||2||	ਜਿਸ ਗੁਰੂ ਪਾਸੋਂ ਪਰਮਾਤਮਾ ਦਾ ਨਾਮ ਸਿਮਰਨ (ਦੀ ਦਾਤਿ) ਮਿਲਦੀ ਹੈ ॥੨॥
57164	1338	ਬੂਡਤ ਪ੍ਰਾਨੀ ਜਿਨਿ ਗੁਰਹਿ ਤਰਾਇਆ॥		Booddath Praanee Jin Gurehi Tharaaeiaa ||	The Guru carries those mortal beings across, and saves them from drowning.	ਜਿਸ ਗੁਰੂ ਨੇ (ਸੰਸਾਰ-ਸਮੁੰਦਰ ਵਿਚ) ਡੁੱਬ ਰਹੇ ਪ੍ਰਾਣੀਆਂ ਨੂੰ ਪਾਰ ਲੰਘਾਇਆ,

57165	1338	ਜਿਸੁ ਪ੍ਰਸਾਦਿ ਮੋਹੈ ਨਹੀ ਮਾਇਆ॥		Jis Prasaadh Mohai Nehee Maaeiaa ||	By His Grace, they are not enticed by Maya;	ਜਿਸ (ਗੁਰੂ) ਦੀ ਮਿਹਰ ਨਾਲ ਮਾਇਆ ਠੱਗ ਨਹੀਂ ਸਕਦੀ,
57166	1338	ਹਲਤੁ ਪਲਤੁ ਜਿਨਿ ਗੁਰਹਿ ਸਵਾਰਿਆ॥		Halath Palath Jin Gurehi Savaariaa ||	In this world and the next, they are embellished and exalted by the Guru.	ਜਿਸ ਗੁਰੂ ਨੇ (ਸਰਨ ਪਏ ਮਨੁੱਖ ਦਾ) ਇਹ ਲੋਕ ਅਤੇ ਪਰਲੋਕ ਸੋਹਣਾ ਬਣਾ ਦਿੱਤਾ,
57167	1338	ਤਿਸੁ ਗੁਰ ਊਪਰਿ ਸਦਾ ਹਉ ਵਾਰਿਆ॥੩॥		This Gur Oopar Sadhaa Ho Vaariaa ||3||	I am forever a sacrifice to that Guru. ||3||	ਮੈਂ ਉਸ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ ॥੩॥
57168	1338	ਮਹਾ ਮੁਗਧ ਤੇ ਕੀਆ ਗਿਆਨੀ॥		Mehaa Mugadhh Thae Keeaa Giaanee ||	From the most ignorant, I have been made spiritually wise,	(ਜਿਸ ਗੁਰੂ ਨੇ) ਮਹਾ ਮੂਰਖ ਮਨੁੱਖ ਤੋਂ ਆਤਮਕ ਜੀਵਨ ਦੀ ਸੂਝ ਵਾਲਾ ਬਣਾ ਦਿੱਤਾ।
57169	1338	ਗੁਰ ਪੂਰੇ ਕੀ ਅਕਥ ਕਹਾਨੀ॥	ਅ-ਕਥ: ਪੋਲਾ ਬੋਲੋ	Gur Poorae Kee Akathh Kehaanee ||	Through the Unspoken Speech of the Perfect Guru.	ਪੂਰੇ ਗੁਰੂ ਦੀ ਸਿਫ਼ਤ-ਸਾਲਾਹ ਪੂਰੇ ਤੌਰ ਤੇ ਬਿਆਨ ਨਹੀਂ ਕੀਤੀ ਜਾ ਸਕਦੀ।
57170	1338	ਪਾਰਬ੍ਰਹਮ ਨਾਨਕ ਗੁਰਦੇਵ॥		Paarabreham Naanak Guradhaev ||	The Divine Guru, O Nanak, is the Supreme Lord God.	ਹੇ ਨਾਨਕ! (ਗੁਰੂ ਦੀ ਸਰਨ ਪੈ ਕੇ) ਪਾਰਬ੍ਰਹਮ ਗੁਰਦੇਵ-
57171	1338	ਵਡੈਭਾਗਿ ਪਾਈਐ ਹਰਿ ਸੇਵ॥੪॥੩॥		Vaddai Bhaag Paaeeai Har Saev ||4||3||	By great good fortune, I serve the Lord. ||4||3||	ਹਰੀ ਦੀ ਸੇਵਾ-ਭਗਤੀ ਵੱਡੀ ਕਿਸਮਤ ਨਾਲ ਪ੍ਰਾਪਤ ਹੁੰਦੀ ਹੈ ॥੪॥੩॥

57172	1338	ਪ੍ਰਭਾਤੀ ਮਹਲਾ ੫॥		Prabhaathee Mehalaa 5 ||	Prabhaatee, Fifth Mehl:	
57173	1338	ਸਗਲੇ ਦੂਖ ਮਿਟੇ ਸੁਖ ਦੀਏ ਅਪਨਾ ਨਾਮੁ ਜਪਾਇਆ॥		Sagalae Dhookh Mittae Sukh Dheeeae Apanaa Naam Japaaeiaa ||	Eradicating all my pains, He has blessed me with peace, and inspired me to chant His Name.	ਜਿਨ੍ਹਾਂ ਨੂੰ ਉਸ (ਪ੍ਰਭੂ) ਨੇ ਆਪਣਾ ਨਾਮ ਜਪਣ ਦੀ ਪ੍ਰੇਰਨਾ ਕੀਤੀ, ਉਹਨਾਂ ਨੂੰ ਉਸ ਨੇ ਸਾਰੇ ਸੁਖ ਬਖ਼ਸ਼ ਦਿੱਤੇ, (ਉਹਨਾਂ ਅੰਦਰੋਂ) ਸਾਰੇ ਦੁੱਖ ਦੂਰ ਹੋ ਗਏ।
57174	1338	ਕਰਿ ਕਿਰਪਾ ਅਪਨੀ ਸੇਵਾ ਲਾਏ ਸਗਲਾ ਦੁਰਤੁ ਮਿਟਾਇਆ॥੧॥		Kar Kirapaa Apanee Saevaa Laaeae Sagalaa Dhurath Mittaaeiaa ||1||	In His Mercy, He has enjoined me to His service, and has purged me of all my sins. ||1||	(ਪ੍ਰਭੂ ਨੇ) ਮਿਹਰ ਕਰ ਕੇ (ਜਿਨ੍ਹਾਂ ਨੂੰ) ਆਪਣੀ ਭਗਤੀ ਵਿਚ ਜੋੜਿਆ, (ਉਹਨਾਂ ਦੇ ਅੰਦਰੋਂ ਉਸ ਨੇ) ਸਾਰਾ ਪਾਪ ਦੂਰ ਕਰ ਦਿੱਤਾ ॥੧॥
57175	1338	ਹਮ ਬਾਰਿਕ ਸਰਨਿ ਪ੍ਰਭ ਦਇਆਲ॥		Ham Baarik Saran Prabh Dhaeiaal ||	I am only a child; I seek the Sanctuary of God the Merciful.	ਹੇ ਦਇਆ ਦੇ ਸੋਮੇ ਪ੍ਰਭੂ! ਅਸੀਂ (ਜੀਵ ਤੇਰੇ) ਬੱਚੇ (ਤੇਰੀ) ਸਰਨ ਹਾਂ।

57176	1338	ਅਵਗਣ ਕਾਟਿ ਕੀਏ ਪ੍ਰਭਿ ਅਪੁਨੇ ਰਾਖਿ ਲੀਏ ਮੇਰੈ ਗੁਰ ਗੋਪਾਲਿ॥੧॥ਰਹਾਉ ॥		Avagan Kaatt Keeeae Prabh Apunae Raakh Leeeae Maerai Gur Gopaal ||1|| Rehaao ||	Erasing my demerits and faults, God has made me His Own. My Guru, the Lord of the World, protects me. ||1||Pause||	ਧਰਤੀ ਦੇ ਰੱਖਿਅਕ ਪ੍ਰਭੂ ਨੇ (ਜਿਨ੍ਹਾਂ ਦੀ) ਰੱਖਿਆ ਕੀਤੀ, (ਉਹਨਾਂ ਦੇ ਅੰਦਰੋਂ) ਔਗੁਣ ਦੂਰ ਕਰ ਕੇ (ਉਹਨਾਂ ਨੂੰ ਉਸ) ਪ੍ਰਭੂ ਨੇ ਆਪਣੇ ਬਣਾ ਲਿਆ ॥੧॥ ਰਹਾਉ ॥
57177	1338	ਤਾਪ ਪਾਪ ਬਿਨਸੇ ਖਿਨ ਭੀਤਰਿ ਭਏ ਕ੍ਰਿਪਾਲ ਗੁਸਾਈ॥		Thaap Paap Binasae Khin Bheethar Bheae Kirapaal Gusaaee ||	My sicknesses and sins were erased in an instant, when the Lord of the World became merciful.	ਧਰਤੀ ਦੇ ਖਸਮ ਪ੍ਰਭੂ ਜੀ (ਜਿਨ੍ਹਾਂ ਉੱਤੇ) ਦਇਆਵਾਨ ਹੋਏ, (ਉਹਨਾਂ ਦੇ) ਸਾਰੇ ਦੁੱਖ-ਕਲੇਸ਼ ਸਾਰੇ ਪਾਪ ਇਕ ਖਿਨ ਵਿਚ ਨਾਸ ਹੋ ਗਏ।
57178	1338	ਸਾਸਿ ਸਾਸਿ ਪਾਰਬ੍ਰਹਮੁ ਅਰਾਧੀ ਅਪੁਨੇ ਸਤਿਗੁਰ ਕੈ ਬਲਿ ਜਾਈ॥੨॥		Saas Saas Paarabreham Araadhhee Apunae Sathigur Kai Bal Jaaee ||2||	With each and very breath, I worship and adore the Supreme Lord God; I am a sacrifice to the True Guru. ||2||	ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ, (ਉਸ ਦੀ ਮਿਹਰ ਨਾਲ) ਮੈਂ ਆਪਣੇ ਹਰੇਕ ਸਾਹ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰਦਾ ਹਾਂ ॥੨॥
57179	1338	ਅਗਮ ਅਗੋਚਰੁ ਬਿਅੰਤੁ ਸੁਆਮੀ ਤਾ ਕਾ ਅੰਤੁ ਨ ਪਾਈਐ॥		Agam Agochar Bianth Suaamee Thaa Kaa Anth N Paaeeai ||	My Lord and Master is Inaccessible, Unfathomable and Infinite. His limits cannot be found.	ਮਾਲਕ-ਪ੍ਰਭੂ ਅਪਹੁੰਚ ਹੈ, ਉਸ ਤਕ (ਜੀਵਾਂ ਦੇ) ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਉਹ ਬੇਅੰਤ ਹੈ, ਉਸ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ।

57180	1338	ਲਾਹਾ ਖਾਟਿ ਹੋਈਐ ਧਨਵੰਤਾ ਅਪੁਨਾ ਪ੍ਰਭੂ ਧਿਆਈਐ॥੩॥		Laahaa Khaatt Hoeeai Dhhanavanthaa Apunaa Prabhoo Dhhiaaeeai ||3||	We earn the profit, and become wealthy, meditating on our God. ||3||	ਆਪਣੇ ਉਸ ਪ੍ਰਭੂ ਦਾ ਸਿਮਰਨ ਕਰਨਾ ਚਾਹੀਦਾ ਹੈ, (ਉਸ ਦਾ ਨਾਮ ਹੀ ਅਸਲ ਧਨ ਹੈ, ਇਹ) ਲਾਭ ਖੱਟ ਕੇ ਧਨਵਾਨ ਬਣ ਜਾਈਦਾ ਹੈ ॥੩॥
57181	1339	ਆਠ ਪਹਰ ਪਾਰਬ੍ਰਹਮੁ ਧਿਆਈ ਸਦਾ ਸਦਾ ਗੁਨ ਗਾਇਆ॥		Aath Pehar Paarabreham Dhhiaaee Sadhaa Sadhaa Gun Gaaeiaa ||	Twenty-four hours a day, I meditate on the Supreme Lord God; I sing His Glorious Praises forever and ever.	ਹੁਣ ਮੈਂ ਅੱਠੇ ਪਹਰ ਉਸ ਦਾ ਨਾਮ ਸਿਮਰਦਾ ਹਾਂ ਸਦਾ ਹੀ ਉਸ ਦੇ ਗੁਣ ਗਾਂਦਾ ਰਹਿੰਦਾ ਹਾਂ।
57182	1339	ਕਹੁ ਨਾਨਕ ਮੇਰੇ ਪੂਰੇ ਮਨੋਰਥ ਪਾਰਬ੍ਰਹਮੁ ਗੁਰੁ ਪਾਇਆ॥੪॥੪॥		Kahu Naanak Maerae Poorae Manorathh Paarabreham Gur Paaeiaa ||4||4||	Says Nanak, my desires have been fulfilled; I have found my Guru, the Supreme Lord God. ||4||4||	ਨਾਨਕ ਆਖਦਾ ਹੈ- ਮੈਨੂੰ ਗੁਰੂ ਮਿਲ ਪਿਆ ਹੈ (ਗੁਰੂ ਦੀ ਕਿਰਪਾ ਨਾਲ) ਮੈਨੂੰ ਪਰਮਾਤਮਾ ਮਿਲ ਪਿਆ ਹੈ, ਮੇਰੀਆਂ ਸਾਰੀਆਂ ਮਨੋ-ਕਾਮਨਾਂ ਪੂਰੀਆਂ ਹੋ ਗਈਆਂ ਹਨ ॥੪॥੪॥
57183	1339	ਪ੍ਰਭਾਤੀ ਮਹਲਾ ੫॥		Prabhaathee Mehalaa 5 ||	Prabhaatee, Fifth Mehl:	
57184	1339	ਸਿਮਰਤ ਨਾਮੁ ਕਿਲਬਿਖ ਸਭ ਨਾਸੇ॥		Simarath Naam Kilabikh Sabh Naasae ||	Meditating in rememberance on the Naam, all my sins have been erased.	ਪਰਮਾਤਮਾ ਦਾ ਨਾਮ ਸਿਮਰਦਿਆਂ ਸਾਰੇ ਪਾਪ ਨਾਸ ਹੋ ਜਾਂਦੇ ਹਨ।

57185	1339	ਸਚੁ ਨਾਮੁ ਗੁਰਿ ਦੀਨੀ ਰਾਸੇ॥		Sach Naam Gur Dheenee Raasae ||	The Guru has blessed me with the Capital of the True Name.	(ਜਿਨ੍ਹਾਂ ਨੂੰ) ਗੁਰੂ ਨੇ ਸਦਾ-ਥਿਰ ਹਰਿ-ਨਾਮ ਦਾ ਸਰਮਾਇਆ ਬਖ਼ਸ਼ਿਆ,
57186	1339	ਪ੍ਰਭ ਕੀ ਦਰਗਹ ਸੋਭਾਵੰਤੇ॥		Prabh Kee Dharageh Sobhaavanthae ||	God's servants are embellished and exalted in His Court;	ਪਰਮਾਤਮਾ ਦੀ ਦਰਗਾਹ ਵਿਚ ਉਹ ਇੱਜ਼ਤ ਵਾਲੇ ਬਣੇ।
57187	1339	ਸੇਵਕ ਸੇਵਿ ਸਦਾ ਸੋਹੰਤੇ॥੧॥		Saevak Saev Sadhaa Sohanthae ||1||	Serving Him, they look beauteous forever. ||1||	ਪਰਮਾਤਮਾ ਦੇ ਭਗਤ (ਪਰਮਾਤਮਾ ਦੀ) ਭਗਤੀ ਕਰ ਕੇ ਸਦਾ (ਲੋਕ ਪਰਲੋਕ ਵਿਚ) ਸੋਹਣੇ ਲੱਗਦੇ ਹਨ ॥੧॥
57188	1339	ਹਰਿ ਹਰਿ ਨਾਮੁ ਜਪਹੁ ਮੇਰੇ ਭਾਈ॥		Har Har Naam Japahu Maerae Bhaaee ||	Chant the Name of the Lord, Har, Har, O my Siblings of Destiny.	ਹੇ ਮੇਰੇ ਭਾਈ! ਸਦਾ ਪਰਮਾਤਮਾ ਦਾ ਨਾਮ ਜਪਿਆ ਕਰੋ।
57189	1339	ਸਗਲੇ ਰੋਗ ਦੋਖ ਸਭਿ ਬਿਨਸਹਿ ਅਗਿਆਨੁ ਅੰਧੇਰਾ ਮਨ ਤੇ ਜਾਈ॥੧॥ਰਹਾਉ॥		Sagalae Rog Dhokh Sabh Binasehi Agiaan Andhhaeraa Man Thae Jaaee ||1|| Rehaao ||	All sickness and sin shall be erased; your mind shall be rid of the darkness of ignorance. ||1||Pause||	(ਸਿਮਰਨ ਦੀ ਬਰਕਤਿ ਨਾਲ ਮਨ ਦੇ) ਸਾਰੇ ਰੋਗ ਦੂਰ ਹੋ ਜਾਂਦੇ ਹਨ, ਸਾਰੇ ਪਾਪ ਨਾਸ ਹੋ ਜਾਂਦੇ ਹਨ, ਆਤਮਕ ਜੀਵਨ ਵਲੋਂ ਬੇ-ਸਮਝੀ ਦਾ ਹਨੇਰਾ ਮਨ ਤੋਂ ਦੂਰ ਹੋ ਜਾਂਦਾ ਹੈ ॥੧॥ ਰਹਾਉ ॥
57190	1339	ਜਨਮ ਮਰਨ ਗੁਰਿ ਰਾਖੇ ਮੀਤ॥		Janam Maran Gur Raakhae Meeth ||	The Guru has saved me from death and rebirth, O friend;	ਹੇ ਮਿੱਤਰ! ਗੁਰੂ ਨੇ (ਉਹਨਾਂ ਦੇ) ਜਨਮ ਮਰਨ (ਦੇ ਗੇੜ) ਮੁਕਾ ਦਿੱਤੇ,

57191	1339	ਹਰਿ ਕੇ ਨਾਮ ਸਿਉ ਲਾਗੀ ਪ੍ਰੀਤਿ॥		Har Kae Naam Sio Laagee Preeth ||	I am in love with the Name of the Lord.	(ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਨਾਮ ਵਿਚ (ਜਿਨ੍ਹਾਂ ਮਨੁੱਖਾਂ ਦਾ) ਪਿਆਰ ਬਣਿਆ।
57192	1339	ਕੋਟਿ ਜਨਮ ਕੇ ਗਏ ਕਲੇਸ॥		Kott Janam Kae Geae Kalaes ||	The suffering of millions of incarnations is gone;	(ਹਰਿ-ਨਾਮ ਨਾਲ ਪ੍ਰੀਤ ਦੀ ਬਰਕਤਿ ਨਾਲ ਉਹਨਾਂ ਦੇ) ਕ੍ਰੋੜਾਂ ਜਨਮਾਂ ਦੇ ਦੁੱਖ-ਕਲੇਸ਼ ਦੂਰ ਹੋ ਗਏ।
57193	1339	ਜੋ ਤਿਸੁ ਭਾਵੈ ਸੋ ਭਲ ਹੋਸ॥੨॥		Jo This Bhaavai So Bhal Hos ||2||	Whatever pleases Him is good. ||2||	(ਉਹਨਾਂ ਨੂੰ) ਉਹ ਕੁਝ ਭਲਾ ਜਾਪਦਾ ਹੈ ਜੋ ਪਰਮਾਤਮਾ ਨੂੰ ਚੰਗਾ ਲੱਗਦਾ ਹੈ ॥੨॥
57194	1339	ਤਿਸੁ ਗੁਰ ਕਉ ਹਉ ਸਦ ਬਲਿ ਜਾਈ॥		This Gur Ko Ho Sadh Bal Jaaee ||	I am forever a sacrifice to the Guru;	ਮੈਂ ਉਸ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ,
57195	1339	ਜਿਸੁ ਪ੍ਰਸਾਦਿ ਹਰਿ ਨਾਮੁ ਧਿਆਈ॥		Jis Prasaadh Har Naam Dhhiaaee ||	By His Grace, I meditate on the Lord's Name.	ਜਿਸ ਦੀ ਮਿਹਰ ਨਾਲ ਮੈਂ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹਾਂ।
57196	1339	ਐਸਾ ਗੁਰੁ ਪਾਈਐ ਵਡਭਾਗੀ॥		Aisaa Gur Paaeeai Vaddabhaagee ||	By great good fortune, such a Guru is found;	ਇਹੋ ਜਿਹਾ ਗੁਰੂ ਵੱਡੀ ਕਿਸਮਤ ਨਾਲ ਹੀ ਮਿਲਦਾ ਹੈ,
57197	1339	ਜਿਸੁ ਮਿਲਤੇ ਰਾਮ ਲਿਵ ਲਾਗੀ॥੩॥		Jis Milathae Raam Liv Laagee ||3||	Meeting Him, one is lovingly attuned to the Lord. ||3||	ਜਿਸ ਦੇ ਮਿਲਿਆਂ ਪਰਮਾਤਮਾ ਨਾਲ ਪਿਆਰ ਬਣਦਾ ਹੈ ॥੩॥

57198	1339	ਕਰਿ ਕਿਰਪਾ ਪਾਰਬ੍ਰਹਮ ਸੁਆਮੀ॥		Kar Kirapaa Paarabreham Suaamee ||	Please be merciful, O Supreme Lord God, O Lord and Master,	ਹੇ ਪਾਰਬ੍ਰਹਮ! ਹੇ ਸੁਆਮੀ! (ਮੇਰੇ ਉਤੇ) ਮਿਹਰ ਕਰ।
57199	1339	ਸਗਲ ਘਟਾ ਕੇ ਅੰਤਰਜਾਮੀ॥		Sagal Ghattaa Kae Antharajaamee ||	Inner-knower, Searcher of Hearts.	ਹੇ ਸਭ ਜੀਵਾਂ ਦੇ ਦਿਲ ਦੀ ਜਾਣਨ ਵਾਲੇ!
57200	1339	ਆਠ ਪਹਰ ਅਪੁਨੀ ਲਿਵ ਲਾਇ॥		Aath Pehar Apunee Liv Laae ||	Twenty-four hours a day, I am lovingly attuned to You.	(ਮੇਰੇ ਅੰਦਰ) ਅੱਠੇ ਪਹਰ ਆਪਣੀ ਲਗਨ ਲਾਈ ਰੱਖ,
57201	1339	ਜਨੁ ਨਾਨਕੁ ਪ੍ਰਭ ਕੀ ਸਰਨਾਇ ॥੪॥੫॥		Jan Naanak Prabh Kee Saranaae ||4||5||	Servant Nanak has come to the Sanctuary of God. ||4||5||	(ਤੇਰਾ) ਦਾਸ ਨਾਨਕ ਤੇਰੀ ਸਰਨ ਪਿਆ ਰਹੇ ॥੪॥੫॥
57202	1339	ਪ੍ਰਭਾਤੀ ਮਹਲਾ ੫॥		Prabhaathee Mehalaa 5 ||	Prabhaatee, Fifth Mehl:	
57203	1339	ਕਰਿ ਕਿਰਪਾ ਅਪੁਨੇ ਪ੍ਰਭਿ ਕੀਏ॥		Kar Kirapaa Apunae Prabh Keeeae ||	In His Mercy, God has made me His Own.	(ਜਿਹੜੇ ਮਨੁੱਖ ਗੁਰੂ ਦੀ ਸਰਨ ਪਏ) ਪ੍ਰਭੂ ਨੇ (ਉਹਨਾਂ ਨੂੰ) ਮਿਹਰ ਕਰ ਕੇ ਆਪਣੇ ਬਣਾ ਲਿਆ,
57204	1339	ਹਰਿ ਕਾ ਨਾਮੁ ਜਪਨ ਕਉ ਦੀਏ॥		Har Kaa Naam Japan Ko Dheeeae ||	He has blessed me with the Naam, the Name of the Lord.	(ਕਿਉਂਕਿ ਗੁਰੂ ਨੇ) ਪਰਮਾਤਮਾ ਦਾ ਨਾਮ ਜਪਣ ਵਾਸਤੇ ਉਹਨਾਂ ਨੂੰ ਦਿੱਤਾ।

57205	1339	ਆਠ ਪਹਰ ਗੁਨ ਗਾਇ ਗੁਬਿੰਦ॥		Aath Pehar Gun Gaae Gubindh ||	Twenty-four hours a day, I sing the Glorious Praises of the Lord of the Universe.	(ਗੁਰੂ ਦੀ ਸਰਨ ਪੈ ਕੇ) ਅੱਠੇ ਪਹਰ ਪਰਮਾਤਮਾ ਦੇ ਗੁਣ ਗਾਇਆ ਕਰ,
57206	1339	ਭੈ ਬਿਨਸੇ ਉਤਰੀ ਸਭ ਚਿੰਦ॥੧॥		Bhai Binasae Outharee Sabh Chindh ||1||	Fear is dispelled, and all anxiety has been alleviated. ||1||	(ਇਸ ਤਰ੍ਹਾਂ) ਸਾਰੇ ਡਰ ਨਾਸ ਹੋ ਜਾਂਦੇ ਹਨ, ਸਾਰੀ ਚਿੰਤਾ ਦੂਰ ਜਾਂਦੀ ਹੈ ॥੧॥
57207	1339	ਉਬਰੇ ਸਤਿਗੁਰ ਚਰਨੀ ਲਾਗਿ॥		Oubarae Sathigur Charanee Laag ||	I have been saved, touching the Feet of the True Guru.	ਸਤਿਗੁਰੂ ਦੀ ਚਰਨੀਂ ਲੱਗ ਕੇ (ਅਨੇਕਾਂ ਪ੍ਰਾਣੀ ਵਿਕਾਰਾਂ ਵਿਚ ਡੁੱਬਣੋਂ) ਬਚ ਜਾਂਦੇ ਹਨ।
57208	1339	ਜੋ ਗੁਰੁ ਕਹੈ ਸੋਈ ਭਲ ਮੀਠਾ ਮਨ ਕੀ ਮਤਿ ਤਿਆਗਿ॥੧॥ਰਹਾਉ ॥		Jo Gur Kehai Soee Bhal Meethaa Man Kee Math Thiaag ||1|| Rehaao ||	Whatever the Guru says is good and sweet to me. I have renounced the intellectual wisdom of my mind. ||1||Pause||	ਆਪਣੇ ਮਨ ਦੀ ਚਤੁਰਾਈ ਛੱਡ ਕੇ (ਗੁਰੂ ਦੀ ਸਰਨ ਪਿਆਂ) ਜੋ ਕੁਝ ਗੁਰੂ ਦੱਸਦਾ ਹੈ, ਉਹ ਚੰਗਾ ਤੇ ਪਿਆਰਾ ਲੱਗਦਾ ਹੈ ॥੧॥ ਰਹਾਉ ॥
57209	1339	ਮਨਿ ਤਨਿ ਵਸਿਆ ਹਰਿ ਪ੍ਰਭੁ ਸੋਈ॥		Man Than Vasiaa Har Prabh Soee ||	That Lord God abides within my mind and body.	(ਗੁਰੂ ਦੀ ਸਰਨ ਪਿਆਂ) ਮਨ ਵਿਚ ਤਨ ਵਿਚ ਉਹ ਪਰਮਾਤਮਾ ਹੀ ਵੱਸਿਆ ਰਹਿੰਦਾ ਹੈ,
57210	1339	ਕਲਿ ਕਲੇਸ ਕਿਛੁ ਬਿਘਨੁ ਨ ਹੋਈ॥		Kal Kalaes Kishh Bighan N Hoee ||	There are no conflicts, pains or obstacles.	ਕੋਈ ਦੁੱਖ-ਕਲੇਸ਼ (ਆਦਿਕ ਜ਼ਿੰਦਗੀ ਦੇ ਰਸਤੇ ਵਿਚ) ਰੁਕਾਵਟ ਨਹੀਂ ਪੈਂਦੀ।
57211	1339	ਸਦਾ ਸਦਾ ਪ੍ਰਭੁ ਜੀਅ ਕੈ ਸੰਗਿ॥		Sadhaa Sadhaa Prabh Jeea Kai Sang ||	Forever and ever, God is with my soul.	ਪਰਮਾਤਮਾ ਹਰ ਵੇਲੇ ਹੀ ਜਿੰਦ ਦੇ ਨਾਲ (ਵੱਸਦਾ ਪ੍ਰਤੀਤ ਹੁੰਦਾ ਹੈ),

57212	1339	ਉਤਰੀ ਮੈਲੁ ਨਾਮ ਕੈ ਰੰਗਿ॥੨॥		Outharee Mail Naam Kai Rang ||2||	Filth and pollution are washed away by the Love of the Name. ||2||	ਪਰਮਾਤਮਾ ਨਾਮ ਦੇ ਪਿਆਰ-ਰੰਗ ਵਿਚ ਟਿਕੇ ਰਿਹਾਂ (ਵਿਕਾਰਾਂ ਦੀ) ਸਾਰੀ ਮੈਲ (ਮਨ ਤੋਂ) ਲਹਿ ਜਾਂਦੀ ਹੈ ॥੨॥
57213	1339	ਚਰਨਕਮਲ ਸਿਉ ਲਾਗੋ ਪਿਆਰੁ॥		Charan Kamal Sio Laago Piaar ||	I am in love with the Lotus Feet of the Lord;	(ਗੁਰੂ ਦੀ ਸਰਨ ਪਿਆਂ) ਪਰਮਾਤਮਾ ਦੇ ਸੋਹਣੇ ਚਰਨਾਂ ਨਾਲ ਪਿਆਰ ਬਣ ਜਾਂਦਾ ਹੈ,
57214	1339	ਬਿਨਸੇ ਕਾਮ ਕ੍ਰੋਧ ਅਹੰਕਾਰ॥		Binasae Kaam Krodhh Ahankaar ||	I am no longer consumed by sexual desire, anger and egotism.	ਕਾਮ ਕ੍ਰੋਧ ਅਹੰਕਾਰ (ਆਦਿਕ ਵਿਕਾਰ ਅੰਦਰੋਂ) ਮੁੱਕ ਜਾਂਦੇ ਹਨ।
57215	1339	ਪ੍ਰਭ ਮਿਲਨ ਕਾ ਮਾਰਗੁ ਜਾਨਾਂ॥		Prabh Milan Kaa Maarag Jaanaan ||	Now, I know the way to meet God.	(ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਮਿਲਾਪ ਦਾ ਰਸਤਾ ਸਮਝ ਲਿਆ,
57216	1339	ਭਾਇ ਭਗਤਿ ਹਰਿ ਸਿਉ ਮਨੁ ਮਾਨਾਂ॥੩॥		Bhaae Bhagath Har Sio Man Maanaan ||3||	Through loving devotional worship, my mind is pleased and appeased with the Lord. ||3||	ਪਿਆਰ ਦੀ ਬਰਕਤਿ ਨਾਲ ਭਗਤੀ ਦੀ ਬਰਕਤਿ ਨਾਲ ਉਸ ਦਾ ਮਨ ਪ੍ਰਭੂ ਦੀ ਯਾਦ ਵਿਚ ਗਿੱਝ ਜਾਂਦਾ ਹੈ ॥੩॥
57217	1339	ਸੁਣਿ ਸਜਣ ਸੰਤ ਮੀਤ ਸੁਹੇਲੇ॥		Sun Sajan Santh Meeth Suhaelae ||	Listen, O friends, Saints, my exalted companions.	ਹੇ ਸੱਜਣ! ਹੇ ਸੰਤ! ਹੇ ਮਿੱਤਰ! ਸੁਣ, ਉਹ ਸਦਾ ਸੁਖੀ ਜੀਵਨ ਵਾਲੇ ਹੋ ਗਏ,
57218	1339	ਨਾਮੁ ਰਤਨੁ ਹਰਿ ਅਗਹ ਅਤੋਲੇ॥		Naam Rathan Har Ageh Atholae ||	The Jewel of the Naam, the Name of the Lord, is unfathomable and immeasurable.	(ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਨੇ) ਅਪਹੁੰਚ ਅਤੇ ਅਤੋਲ ਹਰੀ ਦਾ ਕੀਮਤੀ ਨਾਮ ਹਾਸਲ ਕਰ ਲਿਆ।

57219	1339	ਸਦਾ ਸਦਾ ਪ੍ਰਭੁ ਗੁਣ ਨਿਧਿ ਗਾਈਐ॥		Sadhaa Sadhaa Prabh Gun Nidhh Gaaeeai ||	Forever and ever, sing the Glories of God, the Treasure of Virtue.	ਸਦਾ ਹੀ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰਨੀ ਚਾਹੀਦੀ ਹੈ,
57220	1339	ਕਹੁ ਨਾਨਕ ਵਡਭਾਗੀ ਪਾਈਐ॥੪॥੬॥		Kahu Naanak Vaddabhaagee Paaeeai ||4||6||	Says Nanak, by great good fortune, He is found. ||4||6||	ਪਰ, ਨਾਨਕ ਆਖਦਾ ਹੈ- ਇਹ ਦਾਤ ਵੱਡੀ ਕਿਸਮਤ ਨਾਲ ਮਿਲਦੀ ਹੈ ॥੪॥੬॥
57221	1339	ਪ੍ਰਭਾਤੀ ਮਹਲਾ ੫॥		Prabhaathee Mehalaa 5 ||	Prabhaatee, Fifth Mehl:	
57222	1339	ਸੇ ਧਨਵੰਤ ਸੇਈ ਸਚੁ ਸਾਹਾ॥		Sae Dhhanavanth Saeee Sach Saahaa ||	They are wealthy, and they are the true merchants,	ਉਹੀ ਮਨੁੱਖ ਯਕੀਨੀ ਤੌਰ ਤੇ ਸ਼ਾਹੂਕਾਰ (ਸਮਝੇ ਜਾਂਦੇ ਹਨ),
57223	1339	ਹਰਿ ਕੀ ਦਰਗਹ ਨਾਮੁ ਵਿਸਾਹਾ॥੧॥		Har Kee Dharageh Naam Visaahaa ||1||	Who have the credit of the Naam in the Court of the Lord. ||1||	(ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਨੇ ਇਥੇ) ਪਰਮਾਤਮਾ ਦਾ ਨਾਮ-ਸੌਦਾ ਖ਼ਰੀਦਿਆ, ਪਰਮਾਤਮਾ ਦੀ ਹਜ਼ੂਰੀ ਵਿਚ ਮਨੁੱਖ ਧਨਾਢ (ਗਿਣੇ ਜਾਂਦੇ ਹਨ) ॥੧॥
57224	1339	ਹਰਿ ਹਰਿ ਨਾਮੁ ਜਪਹੁ ਮਨ ਮੀਤ॥		Har Har Naam Japahu Man Meeth ||	So chant the Name of the Lord, Har, Har, in your mind, my friends.	ਹੇ ਮਿੱਤਰ! ਹੇ ਮਨ! (ਗੁਰੂ ਦੀ ਸਰਨ ਪੈ ਕੇ) ਸਦਾ ਪਰਮਾਤਮਾ ਦਾ ਨਾਮ ਜਪਿਆ ਕਰ।

57225	1339	ਗੁਰੁ ਪੂਰਾ ਪਾਈਐ ਵਡਭਾਗੀ ਨਿਰਮਲ ਪੂਰਨ ਰੀਤਿ॥੧॥ਰਹਾਉ॥		Gur Pooraa Paaeeai Vaddabhaagee Niramal Pooran Reeth ||1|| Rehaao ||	The Perfect Guru is found by great good fortune, and then one's lifestyle becomes perfect and immaculate. ||1||Pause||	(ਪਰ ਨਾਮ ਜਪਣ ਵਾਲੀ) ਪਵਿੱਤਰ ਤੇ ਮੁਕੰਮਲ ਮਰਯਾਦਾ (ਚਲਾਣ ਵਾਲਾ) ਪੂਰਾ ਗੁਰੂ ਵੱਡੀ ਕਿਸਮਤ ਨਾਲ (ਹੀ) ਮਿਲਦਾ ਹੈ ॥੧॥ ਰਹਾਉ ॥
57226	1339	ਪਾਇਆ ਲਾਭੁ ਵਜੀ ਵਾਧਾਈ॥		Paaeiaa Laabh Vajee Vaadhhaaee ||	They earn the profit, and the congratulations pour in;	(ਉਹੀ ਮਨੁੱਖ ਇਥੇ ਅਸਲ) ਨਫ਼ਾ ਖੱਟਦਾ ਹੈ, (ਉਸ ਦੇ ਅੰਦਰ) ਆਤਮਕ ਉਤਸ਼ਾਹ ਵਾਲੀ ਅਵਸਥਾ ਪ੍ਰਬਲ ਬਣੀ ਰਹਿੰਦੀ ਹੈ,
57227	1339	ਸੰਤ ਪ੍ਰਸਾਦਿ ਹਰਿ ਕੇ ਗੁਨ ਗਾਈ॥੨॥		Santh Prasaadh Har Kae Gun Gaaee ||2||	By the Grace of the Saints, they sing the Glorious Praises of the Lord. ||2||	(ਜਿਹੜਾ) ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਗੁਣ ਗਾਂਦਾ ਹੈ ॥੨॥
57228	1339	ਸਫਲ ਜਨਮੁ ਜੀਵਨ ਪਰਵਾਣੁ॥		Safal Janam Jeevan Paravaan ||	Their lives are fruitful and prosperous, and their birth is approved;	(ਨਾਮ ਜਪਣ ਵਾਲੇ ਦਾ) ਮਨੁੱਖਾ ਜਨਮ ਕਾਮਯਾਬ ਹੈ, ਜੀਵਨ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਹੈ।
57229	1339	ਗੁਰ ਪਰਸਾਦੀ ਹਰਿ ਰੰਗੁ ਮਾਣੁ॥੩॥		Gur Parasaadhee Har Rang Maan ||3||	By Guru's Grace, they enjoy the Love of the Lord. ||3||	(ਤਾਂ ਤੇ) ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਨਾਮ ਦਾ ਆਨੰਦ ਮਾਣਦਾ ਰਹੁ ॥੩॥

57230	1339	ਬਿਨਸੇ ਕਾਮ ਕ੍ਰੋਧ ਅਹੰਕਾਰ॥		Binasae Kaam Krodhh Ahankaar ||	Sexuality, anger and egotism are wiped away;	(ਨਾਮ ਜਪਣ ਵਾਲਿਆਂ ਦੇ ਅੰਦਰੋਂ) ਕਾਮ ਕ੍ਰੋਧ ਅਹੰਕਾਰ (ਆਦਿਕ ਵਿਕਾਰ) ਨਾਸ ਹੋ ਜਾਂਦੇ ਹਨ।
57231	1339	ਨਾਨਕ ਗੁਰਮੁਖਿ ਉਤਰਹਿ ਪਾਰਿ॥੪॥੭॥	ਉੱਤਰ-ਹਿ	Naanak Guramukh Outharehi Paar ||4||7||	O Nanak, as Gurmukh, they are carried across to the other shore. ||4||7||	ਹੇ ਨਾਨਕ! ਗੁਰੂ ਦੀ ਸਰਨ ਪੈ ਕੇ (ਨਾਮ ਜਪਣ ਵਾਲੇ ਮਨੁੱਖ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ ॥੪॥੭॥
57232	1339	ਪ੍ਰਭਾਤੀ ਮਹਲਾ ੫॥		Prabhaathee Mehalaa 5 ||	Prabhaatee, Fifth Mehl:	
57233	1339	ਗੁਰੁ ਪੂਰਾ ਪੂਰੀ ਤਾ ਕੀ ਕਲਾ॥		Gur Pooraa Pooree Thaa Kee Kalaa ||	The Guru is Perfect, and Perfect is His Power.	ਗੁਰੂ (ਸਾਰੇ ਗੁਣਾਂ ਨਾਲ) ਪੂਰਨ ਹੈ, ਗੁਰੂ ਦੀ (ਆਤਮਕ) ਸ਼ਕਤੀ ਹਰੇਕ ਸਮਰਥਾ ਵਾਲੀ ਹੈ,
57234	1340	ਗੁਰ ਕਾ ਸਬਦੁ ਸਦਾ ਸਦ ਅਟਲਾ॥	ਅ-ਟਲਾ	Gur Kaa Sabadh Sadhaa Sadh Attalaa ||	The Word of the Guru's Shabad is unchanging, forever and ever.	ਗੁਰੂ ਦਾ ਸ਼ਬਦ ਸਦਾ ਹੀ ਅਟੱਲ ਰਹਿੰਦਾ ਹੈ (ਕਦੇ ਉਕਾਈ ਵਾਲਾ ਨਹੀਂ)।
57235	1340	ਗੁਰ ਕੀ ਬਾਣੀ ਜਿਸੁ ਮਨਿ ਵਸੈ॥		Gur Kee Baanee Jis Man Vasai ||	All pains and afflictions run away from those,	ਜਿਸ (ਮਨੁੱਖ) ਦੇ ਮਨ ਵਿਚ ਸਤਿਗੁਰੂ ਦੀ ਬਾਣੀ ਟਿਕੀ ਰਹਿੰਦੀ ਹੈ,
57236	1340	ਦੂਖੁ ਦਰਦੁ ਸਭੁ ਤਾ ਕਾ ਨਸੈ॥੧॥	ਨੱਸੈ	Dhookh Dharadh Sabh Thaa Kaa Nasai ||1||	Whose minds are filled with the Word of the Guru's Bani. ||1||	ਉਸ (ਮਨੁੱਖ) ਦਾ ਹਰੇਕ ਦਰਦ ਨਾਸ ਹੋ ਜਾਂਦਾ ਹੈ ॥੧॥

57237	1340	ਹਰਿ ਰੰਗਿ ਰਾਤਾ ਮਨੁ ਰਾਮ ਗੁਨ ਗਾਵੈ॥		Har Rang Raathaa Man Raam Gun Gaavai ||	Imbued with the Lord's Love, they sing the Glorious Praises of the Lord.	(ਜਿਸ ਮਨੁੱਖ ਦਾ) ਮਨ ਪਰਮਾਤਮਾ ਦੇ (ਪਿਆਰ-) ਰੰਗ ਵਿਚ ਰੰਗਿਆ ਰਹਿੰਦਾ ਹੈ (ਜਿਹੜਾ ਮਨੁੱਖ) ਪ੍ਰਭੂ ਦੇ ਗੁਣ ਗਾਂਦਾ ਰਹਿੰਦਾ ਹੈ,
57238	1340	ਮੁਕਤੋ ਸਾਧੂ ਧੂਰੀ ਨਾਵੈ॥੧॥ਰਹਾਉ॥	(ਮੁਕਤੋ) ਹੋੜਾ ਅਤੇ ਔਂਕੜ ਵਿਚਕਾਰਲੀ ਅਵਾਜ ਬੋਲੋ। ਨ੍ਹਾਵੈ	Mukathuo Saadhhoo Dhhooree Naavai ||1|| Rehaao ||	They are liberated, bathing in the dust of the feet of the Holy. ||1||Pause||	(ਜਿਹੜਾ ਮਨੁੱਖ) ਗੁਰੂ ਦੀ ਚਰਨ-ਧੂੜ ਵਿਚ ਇਸ਼ਨਾਨ ਕਰਦਾ ਰਹਿੰਦਾ ਹੈ, ਉਹ ਵਿਕਾਰਾਂ ਤੋਂ ਬਚਿਆ ਰਹਿੰਦਾ ਹੈ (ਉਹੀ ਹੈ 'ਮੁਕਤ') ॥੧॥ ਰਹਾਉ ॥
57239	1340	ਗੁਰ ਪਰਸਾਦੀ ਉਤਰੇ ਪਾਰਿ॥		Gur Parasaadhee Outharae Paar ||	By Guru's Grace, they are carried across to the other shore;	ਗੁਰੂ ਦੀ ਕਿਰਪਾ ਨਾਲ ਉਹ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ,
57240	1340	ਭਉ ਭਰਮੁ ਬਿਨਸੇ ਬਿਕਾਰ॥		Bho Bharam Binasae Bikaar ||	They are rid of fear, doubt and corruption.	(ਉਹਨਾਂ ਦੇ ਅੰਦਰੋਂ) ਡਰ ਭਟਕਣਾ (ਆਦਿਕ ਸਾਰੇ) ਵਿਕਾਰ ਨਾਸ ਹੋ ਜਾਂਦੇ ਹਨ,
57241	1340	ਮਨ ਤਨ ਅੰਤਰਿ ਬਸੇ ਗੁਰ ਚਰਨਾ॥		Man Than Anthar Basae Gur Charanaa ||	The Guru's Feet abide deep within their minds and bodies.	ਜਿਨ੍ਹਾਂ ਦੇ ਮਨ ਵਿਚ ਤਨ ਵਿਚ ਗੁਰੂ ਦੇ ਚਰਨ ਟਿਕੇ ਰਹਿੰਦੇ ਹਨ।
57242	1340	ਨਿਰਭੈ ਸਾਧ ਪਰੇ ਹਰਿ ਸਰਨਾ॥੨॥		Nirabhai Saadhh Parae Har Saranaa ||2||	The Holy are fearless; they take to the Sanctuary of the Lord. ||2||	ਉਹਨਾਂ ਸੰਤ ਜਨਾਂ ਨੂੰ ਕੋਈ ਡਰ ਪੋਹ ਨਹੀਂ ਸਕਦਾ, ਉਹ ਸਦਾ ਪਰਮਾਤਮਾ ਦੀ ਸਰਨ ਪਏ ਰਹਿੰਦੇ ਹਨ ॥੨॥
57243	1340	ਅਨਦ ਸਹਜ ਰਸ ਸੂਖ ਘਨੇਰੇ॥		Anadh Sehaj Ras Sookh Ghanaerae ||	They are blessed with abundant bliss, happiness, pleasure and peace.	(ਉਹਨਾਂ ਦੇ ਅੰਦਰ) ਆਤਮਕ ਅਡਲੋਤਾ ਦੇ ਅਨੇਕਾਂ ਆਨੰਦ ਤੇ ਸੁਖ ਬਣੇ ਰਹਿੰਦੇ ਹਨ।

57244	1340	ਦੁਸਮਨੁ ਦੂਖੁ ਨ ਆਵੈ ਨੇਰੇ॥		Dhusaman Dhookh N Aavai Naerae ||	Enemies and pains do not even approach them.	ਕੋਈ ਵੈਰੀ ਦੁੱਖ ਉਹਨਾਂ ਦੇ ਨੇੜੇ ਨਹੀਂ ਢੁਕ ਸਕਦਾ (ਉਹਨਾਂ ਉਤੇ ਆਪਣਾ ਦਬਾਉ ਨਹੀਂ ਪਾ ਸਕਦਾ)।
57245	1340	ਗੁਰਿ ਪੂਰੈ ਅਪੁਨੇ ਕਰਿ ਰਾਖੇ॥		Gur Poorai Apunae Kar Raakhae ||	The Perfect Guru makes them His Own, and protects them.	ਪੂਰੇ ਗੁਰੂ ਨੇ ਜਿਨ੍ਹਾਂ ਨੂੰ ਆਪਣੇ ਬਣਾ ਕੇ (ਉਹਨਾਂ ਦੀ) ਰੱਖਿਆ ਕੀਤੀ,
57246	1340	ਹਰਿ ਨਾਮੁ ਜਪਤ ਕਿਲਬਿਖ ਸਭਿ ਲਾਥੇ॥੩॥		Har Naam Japath Kilabikh Sabh Laathhae ||3||	Chanting the Lord's Name, they are rid of all their sins. ||3||	ਪਰਮਾਤਮਾ ਦਾ ਨਾਮ ਜਪਦਿਆਂ (ਉਹਨਾਂ ਦੇ) ਸਾਰੇ ਪਾਪ ਦੂਰ ਹੋ ਗਏ ॥੩॥
57247	1340	ਸੰਤ ਸਾਜਨ ਸਿਖ ਭਏ ਸੁਹੇਲੇ॥	ਸਿੱਖ	Santh Saajan Sikh Bheae Suhaelae ||	The Saints, spiritual companions and Sikhs are exalted and uplifted.	(ਉਹ) ਸੰਤ-ਜਨ ਸੱਜਣ ਸਿੱਖ ਸੁਖੀ ਜੀਵਨ ਵਾਲੇ ਹੋ ਗਏ,
57248	1340	ਗੁਰਿ ਪੂਰੈ ਪ੍ਰਭ ਸਿਉ ਲੈ ਮੇਲੇ॥		Gur Poorai Prabh Sio Lai Maelae ||	The Perfect Guru leads them to meet God.	ਜਿਨ੍ਹਾਂ ਨੂੰ ਪੂਰੇ ਗੁਰੂ ਨੇ ਪਰਮਾਤਮਾ ਨਾਲ ਲਿਆ ਜੋੜਿਆ।
57249	1340	ਜਨਮ ਮਰਨ ਦੁਖ ਫਾਹਾ ਕਾਟਿਆ॥		Janam Maran Dhukh Faahaa Kaattiaa ||	The painful noose of death and rebirth is snapped.	ਉਹਨਾਂ ਦੇ ਜਨਮ ਮਰਨ ਦੇ ਗੇੜ ਦੇ ਦੁੱਖਾਂ ਦੀ ਫਾਹੀ (ਗੁਰੂ ਨੇ) ਕੱਟ ਦਿੱਤੀ ਹੈ
57250	1340	ਕਹੁ ਨਾਨਕ ਗੁਰਿ ਪੜਦਾ ਢਾਕਿਆ॥੪॥੮॥		Kahu Naanak Gur Parradhaa Dtaakiaa ||4||8||	Says Nanak, the Guru covers their faults. ||4||8||	ਨਾਨਕ ਆਖਦਾ ਹੈ- ਗੁਰੂ ਨੇ ਉਹਨਾਂ ਦੀ ਇੱਜ਼ਤ ਰੱਖ ਲਈ ॥੪॥੮॥

57251	1340	ਪ੍ਰਭਾਤੀ ਮਹਲਾ ੫॥		Prabhaathee Mehalaa 5 ||	Prabhaatee, Fifth Mehl:	
57252	1340	ਸਤਿਗੁਰਿ ਪੂਰੈ ਨਾਮੁ ਦੀਆ॥		Sathigur Poorai Naam Dheeaa ||	The Perfect True Guru has bestowed the Naam, the Name of the Lord.	(ਜਿਸ ਮਨੁੱਖ ਨੂੰ) ਪੂਰੇ ਗੁਰੂ ਨੇ (ਪਰਮਾਤਮਾ ਦਾ) ਨਾਮ (-ਖ਼ਜ਼ਾਨਾ ਬਖ਼ਸ਼ਿਆ,
57253	1340	ਅਨਦ ਮੰਗਲ ਕਲਿਆਣ ਸਦਾ ਸੁਖੁ ਕਾਰਜੁ ਸਗਲਾ ਰਾਸਿ ਥੀਆ॥੧॥ਰਹਾਉ॥		Anadh Mangal Kaliaan Sadhaa Sukh Kaaraj Sagalaa Raas Thheeaa ||1|| Rehaao ||	I am blessed with bliss and happiness, emancipation and eternal peace. All my affairs have been resolved. ||1||Pause||	ਉਸ ਦੇ ਅੰਦਰ ਆਨੰਦ ਖ਼ੁਸ਼ੀ ਸ਼ਾਂਤੀ ਅਤੇ ਸਦਾ ਦਾ ਸੁਖ ਬਣ ਗਿਆ, ਉਸ (ਦੀ ਜ਼ਿੰਦਗੀ) ਦਾ ਸਾਰਾ ਹੀ ਮਨੋਰਥ ਸਫਲ ਹੋ ਗਿਆ ॥੧॥ ਰਹਾਉ ॥
57254	1340	ਚਰਨਕਮਲ ਗੁਰ ਕੇ ਮਨਿ ਵੂਠੇ॥		Charan Kamal Gur Kae Man Voothae ||	The Lotus Feet of the Guru abide within my mind.	(ਜਿਸ ਮਨੁੱਖ ਦੇ) ਮਨ ਵਿਚ ਗੁਰੂ ਦੇ ਸੋਹਣੇ ਚਰਨ ਆ ਵੱਸੇ,
57255	1340	ਦੂਖ ਦਰਦ ਭ੍ਰਮ ਬਿਨਸੇ ਝੂਠੇ॥੧॥		Dhookh Dharadh Bhram Binasae Jhoothae ||1||	I am rid of pain, suffering, doubt and fraud. ||1||	ਉਸ ਦੇ ਸਾਰੇ ਦੁੱਖ ਦੂਰ ਹੋ ਗਏ, ਨਾਸਵੰਤ ਪਦਾਰਥਾਂ ਦੀ ਖ਼ਾਤਰ ਸਾਰੀਆਂ ਭਟਕਣਾਂ (ਉਸ ਦੇ ਅੰਦਰੋਂ) ਮੁੱਕ ਗਈਆਂ ॥੧॥
57256	1340	ਨਿਤ ਉਠਿ ਗਾਵਹੁ ਪ੍ਰਭ ਕੀ ਬਾਣੀ॥		Nith Outh Gaavahu Prabh Kee Baanee ||	Rise early, and sing the Glorious Word of God's Bani.	ਸਦਾ ਉੱਠ ਕੇ (ਨਿੱਤ ਆਹਰ ਨਾਲ) ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਗਾਵਿਆ ਕਰੋ।

57257	1340	ਆਠ ਪਹਰ ਹਰਿ ਸਿਮਰਹੁ ਪ੍ਰਾਣੀ॥੨॥		Aath Pehar Har Simarahu Praanee ||2||	Twenty-four hours a day, meditate in remembrance on the Lord, O mortal. ||2||	ਹੇ ਪ੍ਰਾਣੀਓ! ਅੱਠੇ ਪਹਰ ਪਰਮਾਤਮਾ ਦਾ ਸਿਮਰਨ ਕਰਿਆ ਕਰੋ ॥੨॥
57258	1340	ਘਰਿ ਬਾਹਰਿ ਪ੍ਰਭੁ ਸਭਨੀ ਥਾਈ॥	ਥਾਂਈਂ	Ghar Baahar Prabh Sabhanee Thhaaee ||	Inwardly and outwardly, God is everywhere.	ਘਰ ਦੇ ਅੰਦਰ ਤੇ ਬਾਹਰ (ਹਰ ਥਾਂ) ਸਭ ਥਾਵਾਂ ਵਿਚ (ਮੈਨੂੰ) ਪ੍ਰਭੂ ਹੀ (ਦਿੱਸਦਾ) ਹੈ।
57259	1340	ਸੰਗਿ ਸਹਾਈ ਜਹ ਹਉ ਜਾਈ ॥੩॥		Sang Sehaaee Jeh Ho Jaaee ||3||	Wherever I go, He is always with me, my Helper and Support. ||3||	ਮੈਂ (ਤਾਂ) ਜਿੱਥੇ (ਭੀ) ਜਾਂਦਾ ਹਾਂ, ਮੈਨੂੰ ਪਰਮਾਤਮਾ (ਤੇਰੇ) ਨਾਲ ਮਦਦਗਾਰ (ਦਿੱਸਦਾ) ਹੈ ॥੩॥
57260	1340	ਦੁਇ ਕਰ ਜੋੜਿ ਕਰੀ ਅਰਦਾਸਿ॥		Dhue Kar Jorr Karee Aradhaas ||	With my palms pressed together, I offer this prayer.	ਮੈਂ (ਤਾਂ) ਦੋਵੇਂ ਹੱਥ ਜੋੜ ਕੇ ਅਰਜ਼ੋਈ ਕਰਦਾ ਰਹਿੰਦਾ ਹਾਂ,
57261	1340	ਸਦਾ ਜਪੇ ਨਾਨਕੁ ਗੁਣਤਾਸੁ॥੪॥੯॥		Sadhaa Japae Naanak Gunathaas ||4||9||	O Nanak, I meditate forever on the Lord, the Treasure of Virtue. ||4||9||	ਕਿ (ਉਸ ਪ੍ਰਭੂ ਦਾ ਦਾਸ) ਨਾਨਕ ਸਦਾ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦਾ ਨਾਮ ਜਪਦਾ ਰਹੇ ॥੪॥੯॥
57262	1340	ਪ੍ਰਭਾਤੀ ਮਹਲਾ ੫॥		Prabhaathee Mehalaa 5 ||	Prabhaatee, Fifth Mehl:	
57263	1340	ਪਾਰਬ੍ਰਹਮੁ ਪ੍ਰਭੁ ਸੁਘੜ ਸੁਜਾਣੁ॥		Paarabreham Prabh Sugharr Sujaan ||	The Supreme Lord God is All-wise and All-knowing.	ਸੋਹਣੀ ਆਤਮਕ ਘਾੜਤ ਵਾਲਾ ਸਿਆਣਾ ਪ੍ਰਭੂ ਪਾਰਬ੍ਰਹਮ-

57264	1340	ਗੁਰੁ ਪੂਰਾ ਪਾਈਐ ਵਡਭਾਗੀ ਦਰਸਨ ਕਉ ਜਾਈਐ ਕੁਰਬਾਣੁ॥੧॥ਰਹਾਉ ॥		Gur Pooraa Paaeeai Vaddabhaagee Dharasan Ko Jaaeeai Kurabaan ||1|| Rehaao ||	The Perfect Guru is found by great good fortune. I am a sacrifice to the Blessed Vision of His Darshan. ||1||Pause||	(ਤਦੋਂ ਮਿਲਦਾ ਹੈ, ਜਦੋਂ) ਵੱਡੇ ਭਾਗਾਂ ਨਾਲ ਪੂਰਾ ਗੁਰੂ ਮਿਲ ਪੈਂਦਾ ਹੈ। (ਗੁਰੂ ਦਾ) ਦਰਸਨ ਕਰਨ ਦੀ ਖ਼ਾਤਰ ਆਪਣਾ-ਆਪ (ਗੁਰੂ ਦੇ) ਹਵਾਲੇ ਕਰਨ ਦੀ ਲੋੜ ਹੁੰਦੀ ਹੈ ॥੧॥ ਰਹਾਉ ॥
57265	1340	ਕਿਲਬਿਖ ਮੇਟੇ ਸਬਦਿ ਸੰਤੋਖੁ॥		Kilabikh Maettae Sabadh Santhokh ||	My sins are cut away, through the Word of the Shabad, and I have found contentment.	(ਗੁਰੂ ਨੇ ਆਪਣੇ) ਸ਼ਬਦ ਦੀ ਰਾਹੀਂ (ਜਿਸ ਮਨੁੱਖ ਦੇ ਸਾਰੇ) ਪਾਪ ਮਿਟਾ ਦਿੱਤੇ (ਅਤੇ ਉਸ ਨੂੰ) ਸੰਤੋਖ ਬਖ਼ਸ਼ਿਆ,
57266	1340	ਨਾਮੁ ਅਰਾਧਨ ਹੋਆ ਜੋਗੁ॥		Naam Araadhhan Hoaa Jog ||	I have become worthy of worshipping the Naam in adoration.	ਉਹ ਮਨੁੱਖ ਪਰਮਾਤਮਾ ਦਾ ਨਾਮ ਸਿਮਰਨ ਜੋਗਾ ਹੋ ਜਾਂਦਾ ਹੈ।
57267	1340	ਸਾਧਸੰਗਿ ਹੋਆ ਪਰਗਾਸੁ॥		Saadhhasang Hoaa Paragaas ||	In the Saadh Sangat, the Company of the Holy, I have been enlightened.	ਗੁਰੂ ਦੀ ਸੰਗਤ ਵਿਚ (ਰਹਿ ਕੇ ਉਸ ਮਨੁੱਖ ਦੇ ਅੰਦਰ ਆਤਮਕ ਜੀਵਨ ਦੀ ਸੂਝ ਦਾ) ਚਾਨਣ ਹੋ ਜਾਂਦਾ ਹੈ,
57268	1340	ਚਰਨਕਮਲ ਮਨ ਮਾਹਿ ਨਿਵਾਸੁ॥੧॥		Charan Kamal Man Maahi Nivaas ||1||	The Lord's Lotus Feet abide within my mind. ||1||	ਪਰਮਾਤਮਾ ਦੇ ਸੋਹਣੇ ਚਰਨ ਉਸ ਦੇ ਮਨ ਵਿਚ ਟਿਕ ਜਾਂਦੇ ਹਨ ॥੧॥

57269	1340	ਜਿਨਿ ਕੀਆ ਤਿਨਿ ਲੀਆ ਰਾਖਿ॥		Jin Keeaa Thin Leeaa Raakh ||	The One who made us, protects and preserves us.	ਜਿਸ (ਪਰਮਾਤਮਾ) ਨੇ (ਮਨੁੱਖ ਨੂੰ) ਪੈਦਾ ਕੀਤਾ ਹੈ (ਜਦੋਂ ਉਹ ਮਨੁੱਖ ਗੁਰੂ ਦੀ ਸਰਨ ਪੈ ਗਿਆ ਤਾਂ) ਉਸ (ਪੈਦਾ ਕਰਨ ਵਾਲੇ ਪ੍ਰਭੂ) ਨੇ (ਉਸ ਨੂੰ ਵਿਕਾਰਾਂ ਤੋਂ) ਬਚਾ ਲਿਆ।
57270	1340	ਪ੍ਰਭੁ ਪੂਰਾ ਅਨਾਥ ਕਾ ਨਾਥੁ॥	ਜਿਸ-ਹਿ	Prabh Pooraa Anaathh Kaa Naathh ||	God is Perfect, the Master of the masterless.	ਪ੍ਰਭੂ (ਸਾਰੇ ਗੁਣਾਂ ਨਾਲ) ਪੂਰਨ ਹੈ, ਅਤੇ ਨਿਖਸਮਿਆਂ ਦਾ ਖਸਮ ਹੈ।
57271	1340	ਜਿਸਹਿ ਨਿਵਾਜੇ ਕਿਰਪਾ ਧਾਰਿ॥		Jisehi Nivaajae Kirapaa Dhhaar ||	Those, upon whom He showers His Mercy	ਮਿਹਰ ਕਰ ਕੇ ਪਰਮਾਤਮਾ ਜਿਸ (ਮਨੁੱਖ) ਨੂੰ ਇੱਜ਼ਤ ਬਖ਼ਸ਼ਦਾ ਹੈ,
57272	1340	ਪੂਰਨ ਕਰਮ ਤਾ ਕੇ ਆਚਾਰ॥੨॥		Pooran Karam Thaa Kae Aachaar ||2||	- they have perfect karma and conduct. ||2||	ਉਸ ਮਨੁੱਖ ਦੇ ਸਾਰੇ ਕਰਮ ਸਾਰੇ ਕਰਤੱਬ ਸਫਲ ਹੋ ਜਾਂਦੇ ਹਨ ॥੨॥
57273	1340	ਗੁਣ ਗਾਵੈ ਨਿਤ ਨਿਤ ਨਿਤ ਨਵੇ॥		Gun Gaavai Nith Nith Nith Navae ||	They sing the Glories of God, continually, continuously, forever fresh and new.	(ਗੁਰੂ ਦੀ ਸਰਨ ਪੈ ਕੇ ਜਿਹੜਾ ਮਨੁੱਖ) ਸਦਾ ਹੀ ਪਰਮਾਤਮਾ ਦੇ ਗੁਣ ਇਉਂ ਗਾਂਦਾ ਰਹਿੰਦਾ ਹੈ (ਜਿਵੇਂ ਉਹ ਗੁਣ ਉਸ ਦੇ ਵਾਸਤੇ ਅਜੇ) ਨਵੇਂ (ਹਨ, ਜਿਵੇਂ ਪਹਿਲਾਂ ਕਦੇ ਨਾਹ ਵੇਖੀ ਹੋਈ ਚੀਜ਼ ਮਨ ਨੂੰ ਖਿੱਚ ਪਾਂਦੀ ਹੈ),
57274	1340	ਲਖ ਚਉਰਾਸੀਹ ਜੋਨਿ ਨ ਭਵੇ॥	ਲੱਖ	Lakh Chouraaseeh Jon N Bhavae ||	They do not wander in the 8.4 million incarnations.	ਉਹ ਮਨੁੱਖ ਚੌਰਾਸੀ ਲੱਖ ਜੂਨਾਂ ਦੇ ਗੇੜ ਵਿਚ ਨਹੀਂ ਭਟਕਦਾ।
57275	1340	ਈਹਾਂ ਊਹਾਂ ਚਰਣ ਪੂਜਾਰੇ॥		Eehaan Oohaan Charan Poojaarae ||	Here and hereafter, they worship the Lord's Feet.	ਉਸ ਮਨੁੱਖ ਦੀ ਇਸ ਲੋਕ ਅਤੇ ਪਰਲੋਕ ਵਿਚ ਇੱਜ਼ਤ ਹੁੰਦੀ ਹੈ।

57276	1340	ਮੁਖੁ ਊਜਲ ਸਾਚੇ ਦਰਬਾਰੇ॥੩॥		Mukh Oojal Saachae Dharabaarae ||3||	Their faces are radiant, and they are honored in the Court of the Lord. ||3||	ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਹਜ਼ੂਰੀ ਵਿਚ ਉਸ ਮਨੁੱਖ ਦਾ ਮੂੰਹ ਰੌਸ਼ਨ ਹੁੰਦਾ ਹੈ ॥੩॥
57277	1340	ਜਿਸੁ ਮਸਤਕਿ ਗੁਰਿ ਧਰਿਆ ਹਾਥੁ॥		Jis Masathak Gur Dhhariaa Haathh ||	That person, upon whose forehead the Guru places His Hand	ਗੁਰੂ ਨੇ ਜਿਸ (ਮਨੁੱਖ) ਦੇ ਮੱਥੇ ਉੱਤੇ ਹੱਥ ਰੱਖਿਆ,
57278	1340	ਕੋਟਿ ਮਧੇ ਕੋ ਵਿਰਲਾ ਦਾਸੁ॥	ਮਧੇ: ਪੋਲਾ ਬੋਲੋ	Kott Madhhae Ko Viralaa Dhaas ||	Out of millions, how rare is that slave.	ਉਹ ਮਨੁੱਖ ਪਰਮਾਤਮਾ ਦਾ ਦਾਸ ਬਣ ਜਾਂਦਾ ਹੈ (ਪਰ ਅਜਿਹਾ ਮਨੁੱਖ) ਕ੍ਰੋੜਾਂ ਵਿਚੋਂ ਕੋਈ ਵਿਰਲਾ ਹੀ ਹੁੰਦਾ ਹੈ।
57279	1340	ਜਲਿ ਥਲਿ ਮਹੀਅਲਿ ਪੇਖੈ ਭਰਪੂਰਿ॥		Jal Thhal Meheeal Paekhai Bharapoor ||	He sees God pervading and permeating the water, the land and the sky.	(ਫਿਰ, ਉਹ ਮਨੁੱਖ) ਪਾਣੀ ਵਿਚ ਧਰਤੀ ਵਿਚ ਆਕਾਸ਼ ਵਿਚ (ਹਰ ਥਾਂ) ਪਰਮਾਤਮਾ ਨੂੰ ਵੱਸਦਾ ਵੇਖਦਾ ਹੈ।
57280	1340	ਨਾਨਕ ਉਧਰਸਿ ਤਿਸੁ ਜਨ ਕੀ ਧੂਰਿ॥੪॥੧੦॥	ਉਧ-ਰਸਿ	Naanak Oudhharas This Jan Kee Dhhoor ||4||10||	Nanak is saved by the dust of the feet of such a humble being. ||4||10||	ਹੇ ਨਾਨਕ! ਅਜਿਹੇ ਮਨੁੱਖ ਦੀ ਚਰਨ-ਧੂੜ ਲੈ ਕੇ ਤੂੰ ਭੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਹਿਂਗਾ ॥੪॥੧੦॥
57281	1340	ਪ੍ਰਭਾਤੀ ਮਹਲਾ ੫॥		Prabhaathee Mehalaa 5 ||	Prabhaatee, Fifth Mehl:	
57282	1340	ਕੁਰਬਾਣੁ ਜਾਈ ਗੁਰ ਪੂਰੇ ਅਪਨੇ॥		Kurabaan Jaaee Gur Poorae Apanae ||	I am a sacrifice to my Perfect Guru.	ਮੈਂ ਆਪਣੇ ਉਸ ਪੂਰੇ ਗੁਰੂ ਤੋਂ ਸਦਕੇ ਜਾਂਦਾ ਹਾਂ (ਆਪਣੇ ਆਪ ਨੂੰ ਗੁਰੂ ਦੇ ਹਵਾਲੇ ਕਰਦਾ ਹਾਂ)

57283	1340	ਜਿਸੁ ਪ੍ਰਸਾਦਿ ਹਰਿ ਹਰਿ ਜਪੁ ਜਪਨੇ॥੧॥ਰਹਾਉ॥		Jis Prasaadh Har Har Jap Japanae ||1|| Rehaao ||	By His Grace, I chant and meditate on the Lord, Har, Har. ||1||Pause||	ਜਿਸ (ਗੁਰੂ) ਦੀ ਕਿਰਪਾ ਨਾਲ ਸਦਾ ਪਰਮਾਤਮਾ (ਦੇ ਨਾਮ) ਦਾ ਜਾਪ ਜਪਿਆ ਜਾ ਸਕਦਾ ਹੈ ॥੧॥ ਰਹਾਉ ॥
57284	1340	ਅੰਮ੍ਰਿਤ ਬਾਣੀ ਸੁਣਤ ਨਿਹਾਲ॥		Anmrith Baanee Sunath Nihaal ||	Listening to the Ambrosial Word of His Bani, I am exalted and enraptured.	(ਮੈਂ ਆਪਣੇ ਉਸ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਦੀ) ਆਤਮਕ ਜੀਵਨ ਦੇਣ ਵਾਲੀ ਸਿਫ਼ਤ-ਸਾਲਾਹ ਦੀ ਬਾਣੀ ਸੁਣਦਿਆਂ ਮਨ ਖਿੜ ਆਉਂਦਾ ਹੈ,
57285	1340	ਬਿਨਸਿ ਗਏ ਬਿਖਿਆ ਜੰਜਾਲ॥੧॥		Binas Geae Bikhiaa Janjaal ||1||	My corrupt and poisonous entanglements are gone. ||1||	ਅਤੇ ਮਾਇਆ (ਦੇ ਮੋਹ) ਦੀਆਂ ਫਾਹੀਆਂ ਨਾਸ ਹੋ ਜਾਂਦੀਆਂ ਹਨ ॥੧॥
57286	1340	ਸਾਚ ਸਬਦ ਸਿਉ ਲਾਗੀ ਪ੍ਰੀਤਿ॥		Saach Sabadh Sio Laagee Preeth ||	I am in love with the True Word of His Shabad.	(ਮੈਂ ਆਪਣੇ ਉਸ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਦੀ ਰਾਹੀਂ) ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਨਾਲ ਪਿਆਰ ਬਣ ਜਾਂਦਾ ਹੈ,
57287	1340	ਹਰਿ ਪ੍ਰਭੁ ਅਪੁਨਾ ਆਇਆ ਚੀਤਿ॥੨॥		Har Prabh Apunaa Aaeiaa Cheeth ||2||	The Lord God has come into my consciousness. ||2||	ਅਤੇ ਆਪਣਾ ਹਰੀ-ਪ੍ਰਭੂ ਮਨ ਵਿਚ ਆ ਵੱਸਦਾ ਹੈ ॥੨॥

57288	1340	ਨਾਮੁ ਜਪਤ ਹੋਆ ਪਰਗਾਸੁ॥		Naam Japath Hoaa Paragaas ||	Chanting the Naam, I am enlightened.	(ਮੈਂ ਆਪਣੇ ਉਸ ਗੁਰੂ ਤੋਂ ਸਦਕੇ ਜਾਂਦਾ ਹਾਂ, ਜਿਸ ਦੀ ਕਿਰਪਾ ਨਾਲ ਪਰਮਾਤਮਾ ਦਾ) ਨਾਮ ਜਪਦਿਆਂ (ਮਨ ਵਿਚ ਆਤਮਕ ਜੀਵਨ ਦੀ ਸੂਝ ਦਾ) ਚਾਨਣ ਹੋ ਜਾਂਦਾ ਹੈ,
57289	1341	ਗੁਰ ਸਬਦੇ ਕੀਨਾ ਰਿਦੈ ਨਿਵਾਸੁ॥੩॥		Gur Sabadhae Keenaa Ridhai Nivaas ||3||	The Word of the Guru's Shabad has come to dwell within my heart. ||3||	(ਜਿਸ) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਪਰਮਾਤਮਾ ਮਨੁੱਖ ਦੇ) ਹਿਰਦੇ ਵਿਚ ਆ ਨਿਵਾਸ ਕਰਦਾ ਹੈ ॥੩॥
57290	1341	ਗੁਰ ਸਮਰਥ ਸਦਾ ਦਇਆਲ॥	ਸਮਰੱਥ	Gur Samarathh Sadhaa Dhaeiaal ||	The Guru is All-powerful and Merciful forever.	(ਹੇ ਭਾਈ!) ਗੁਰੂ ਸਭ ਤਾਕਤਾਂ ਦਾ ਮਾਲਕ ਹੈ, ਗੁਰੂ ਸਦਾ ਹੀ ਦਇਆਵਾਨ ਰਹਿੰਦਾ ਹੈ,
57291	1341	ਹਰਿ ਜਪਿ ਜਪਿ ਨਾਨਕ ਭਏ ਨਿਹਾਲ॥੪॥੧੧॥		Har Jap Jap Naanak Bheae Nihaal ||4||11||	Chanting and meditating on the Lord, Nanak is exalted and enraptured. ||4||11||	ਹੇ ਨਾਨਕ! (ਗੁਰੂ ਦੀ ਮਿਹਰ ਨਾਲ) ਪਰਮਾਤਮਾ ਦਾ ਨਾਮ ਜਪ ਜਪ ਕੇ ਮਨ ਖਿੜਿਆ ਰਹਿੰਦਾ ਹੈ ॥੪॥੧੧॥
57292	1341	ਪ੍ਰਭਾਤੀ ਮਹਲਾ ੫॥		Prabhaathee Mehalaa 5 ||	Prabhaatee, Fifth Mehl:	
57293	1341	ਗੁਰੁ ਗੁਰੁ ਕਰਤ ਸਦਾ ਸੁਖੁ ਪਾਇਆ॥		Gur Gur Karath Sadhaa Sukh Paaeiaa ||	Chanting Guru, Guru, I have found eternal peace.	ਗੁਰੂ ਨੂੰ ਹਰ ਵੇਲੇ ਯਾਦ ਕਰਦਿਆਂ ਸਦਾ ਆਤਮਕ ਆਨੰਦ ਪ੍ਰਾਪਤ ਹੋਇਆ ਰਹਿੰਦਾ ਹੈ।

57294	1341	ਦੀਨ ਦਇਆਲ ਭਏ ਕਿਰਪਾਲਾ ਅਪਣਾ ਨਾਮੁ ਆਪਿ ਜਪਾਇਆ॥੧॥ਰਹਾਉ॥		Dheen Dhaeiaal Bheae Kirapaalaa Apanaa Naam Aap Japaaeiaa ||1|| Rehaao ||	God, Merciful to the meek, has become kind and compassionate; He has inspired me to chant His Name. ||1||Pause||	ਗਰੀਬਾਂ ਉਤੇ ਦਇਆ ਕਰਨ ਵਾਲੇ ਪ੍ਰਭੂ ਜੀ ਮਿਹਰਵਾਨ ਹੋ ਜਾਂਦੇ ਹਨ, ਅਤੇ ਆਪਣਾ ਨਾਮ ਆਪ ਜਪਣ ਲਈ (ਜੀਵ ਨੂੰ) ਪ੍ਰੇਰਨਾ ਦੇਂਦੇ ਹਨ ॥੧॥ ਰਹਾਉ ॥
57295	1341	ਸੰਤਸੰਗਤਿ ਮਿਲਿ ਭਇਆ ਪ੍ਰਗਾਸ॥	ਭਇਆ	Santhasangath Mil Bhaeiaa Pragaas ||	Joining the Society of the Saints, I am illumined and enlightened.	ਗੁਰੂ ਦੀ ਸੰਗਤ ਵਿਚ ਮਿਲ ਕੇ (ਬੈਠਿਆਂ ਮਨੁੱਖ ਦੇ ਅੰਦਰ ਆਤਮਕ ਜੀਵਨ ਦੀ ਸੂਝ ਦਾ) ਚਾਨਣ ਹੋ ਜਾਂਦਾ ਹੈ।
57296	1341	ਹਰਿ ਹਰਿ ਜਪਤ ਪੂਰਨ ਭਈ ਆਸ॥੧॥		Har Har Japath Pooran Bhee Aas ||1||	Chanting the Name of the Lord, Har, Har, my hopes have been fulfilled. ||1||	(ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਹਰ ਵੇਲੇ ਜਪਦਿਆਂ (ਹਰੇਕ) ਆਸ ਪੂਰੀ ਹੋ ਜਾਂਦੀ ਹੈ ॥੧॥
57297	1341	ਸਰਬ ਕਲਿਆਣ ਸੂਖ ਮਨਿ ਵੂਠੇ॥		Sarab Kaliaan Sookh Man Voothae ||	I am blessed with total salvation, and my mind is filled with peace.	(ਗੁਣ ਗਾਣ ਦੀ ਬਰਕਤਿ ਨਾਲ) ਸਾਰੇ ਸੁਖ ਆਨੰਦ (ਮਨੁੱਖ ਦੇ) ਮਨ ਵਿਚ ਆ ਵੱਸਦੇ ਹਨ।
57298	1341	ਹਰਿ ਗੁਣ ਗਾਏ ਗੁਰ ਨਾਨਕ ਤੂਠੇ॥੨॥੧੨॥		Har Gun Gaaeae Gur Naanak Thoothae ||2||12||	I sing the Glorious Praises of the Lord; O Nanak, the Guru has been gracious to me. ||2||12||	ਹੇ ਨਾਨਕ! ਜੇ ਗੁਰੂ ਮਿਹਰਵਾਨ ਹੋ ਜਾਏ, ਤਾਂ ਪਰਮਾਤਮਾ ਦੇ ਗੁਣ ਗਾਏ ਜਾ ਸਕਦੇ ਹਨ ॥੨॥੧੨॥
57299	1341	ਪ੍ਰਭਾਤੀ ਮਹਲਾ ੫ ਘਰੁ ੨ ਬਿਭਾਸ		Prabhaathee Mehalaa 5 Ghar 2 Bibhaasa	Prabhaatee, Fifth Mehl, Second House, Bibhaas:	ਰਾਗ ਪ੍ਰਭਾਤੀ/ਬਿਭਾਗ ਘਰ ੨ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

57300	1341	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
57301	1341	ਅਵਰੁ ਨ ਦੂਜਾ ਠਾਉ॥		Avar N Dhoojaa Thaao ||	There is no other place of rest,	(ਪਰਮਾਤਮਾ ਦੇ ਨਾਮ ਤੋਂ ਬਿਨਾ ਅਸੀਂ ਜੀਵਾਂ ਦਾ) ਹੋਰ ਕੋਈ ਦੂਜਾ ਆਸਰਾ ਨਹੀਂ ਹੈ,
57302	1341	ਨਾਹੀ ਬਿਨੁ ਹਰਿ ਨਾਉ॥		Naahee Bin Har Naao ||	None at all, without the Lord's Name.	ਪਰਮਾਤਮਾ ਦੇ ਨਾਮ ਤੋਂ ਬਿਨਾ (ਹੋਰ ਕੋਈ ਸਹਾਰਾ) ਨਹੀਂ ਹੈ।
57303	1341	ਸਰਬ ਸਿਧਿ ਕਲਿਆਨ॥		Sarab Sidhh Kaliaan ||	There is total success and salvation,	(ਹਰਿ-ਨਾਮ ਵਿਚ ਹੀ) ਸਾਰੀਆਂ ਸਿਧੀਆਂ ਹਨ ਸਾਰੇ ਸੁਖ ਹਨ।
57304	1341	ਪੂਰਨ ਹੋਹਿ ਸਗਲ ਕਾਮ॥੧॥		Pooran Hohi Sagal Kaam ||1||	And all affairs are perfectly resolved. ||1||	(ਨਾਮ ਜਪਣ ਦੀ ਬਰਕਤਿ ਨਾਲ) ਸਾਰੇ ਕੰਮ ਸਫਲ ਹੋ ਜਾਂਦੇ ਹਨ ॥੧॥
57305	1341	ਹਰਿ ਕੋ ਨਾਮੁ ਜਪੀਐ ਨੀਤ॥		Har Ko Naam Japeeai Neeth ||	Constantly chant the Name of the Lord.	ਪਰਮਾਤਮਾ ਦਾ ਨਾਮ ਸਦਾ ਜਪਣਾ ਚਾਹੀਦਾ ਹੈ।
57306	1341	ਕਾਮ ਕ੍ਰੋਧ ਅਹੰਕਾਰੁ ਬਿਨਸੈ ਲਗੈ ਏਕੈ ਪ੍ਰੀਤਿ॥੧॥ਰਹਾਉ॥	ਅਹੰ-ਕਾਰੁ	Kaam Krodhh Ahankaar Binasai Lagai Eaekai Preeth ||1|| Rehaao ||	Sexuality, anger and egotism are wiped away; let yourself fall in love with the One Lord. ||1||Pause||	(ਜਿਹੜਾ ਮਨੁੱਖ ਜਪਦਾ ਹੈ ਉਸ ਦੇ ਅੰਦਰੋਂ) ਕਾਮ ਕ੍ਰੋਧ ਅਹੰਕਾਰ (ਆਦਿਕ ਹਰੇਕ ਵਿਕਾਰ) ਨਾਸ ਹੋ ਜਾਂਦਾ ਹੈ, (ਉਸ ਦੇ ਅੰਦਰ) ਇਕ ਪਰਮਾਤਮਾ ਨਾਲ ਹੀ ਪਿਆਰ ਬਣਿਆ ਰਹਿੰਦਾ ਹੈ ॥੧॥ ਰਹਾਉ ॥

57307	1341	ਨਾਮਿ ਲਾਗੈ ਦੂਖੁ ਭਾਗੈ ਸਰਨਿ ਪਾਲਨ ਜੋਗੁ॥		Naam Laagai Dhookh Bhaagai Saran Paalan Jog ||	Attached to the Naam, the Name of the Lord, pain runs away. In His Sanctuary, He cherishes and sustains us.	(ਜਿਹੜਾ ਮਨੁੱਖ ਪਰਮਾਤਮਾ ਦੇ) ਨਾਮ ਵਿਚ ਜੁੜਦਾ ਹੈ (ਉਸ ਦਾ ਹਰੇਕ) ਦੁੱਖ ਦੂਰ ਹੋ ਜਾਂਦਾ ਹੈ (ਕਿਉਂਕਿ ਪਰਮਾਤਮਾ) ਸਰਨ ਪਏ ਮਨੁੱਖ ਦੀ ਰੱਖਿਆ ਕਰ ਸਕਣ ਵਾਲਾ ਹੈ।
57308	1341	ਸਤਿਗੁਰੁ ਭੇਟੈ ਜਮੁ ਨ ਤੇਟੈ ਜਿਸੁ ਧੁਰਿ ਹੋਵੈ ਸੰਜੋਗੁ॥੨॥		Sathigur Bhaettai Jam N Thaettai Jis Dhhur Hovai Sanjog ||2||	Whoever has such pre-ordained destiny meets with the True Guru; the Messenger of Death cannot grab him. ||2||	ਜਿਸ ਮਨੁੱਖ ਨੂੰ ਧੁਰ ਦਰਗਾਹ ਤੋਂ (ਗੁਰੂ ਨਾਲ) ਮਿਲਾਪ ਦਾ ਅਵਸਰ ਮਿਲਦਾ ਹੈ, ਉਸ ਨੂੰ ਗੁਰੂ ਮਿਲ ਪੈਂਦਾ ਹੈ (ਤੇ, ਉਸ ਮਨੁੱਖ ਉੱਤੇ) ਜਮ (ਭੀ) ਜ਼ੋਰ ਨਹੀਂ ਪਾ ਸਕਦਾ ॥੨॥
57309	1341	ਰੈਨਿ ਦਿਨਸੁ ਧਿਆਇ ਹਰਿ ਹਰਿ ਤਜਹੁ ਮਨ ਕੇ ਭਰਮ॥		Rain Dhinas Dhhiaae Har Har Thajahu Man Kae Bharam ||	Night and day, meditate on the Lord, Har, Har; abandon the doubts of your mind.	(ਆਪਣੇ) ਮਨ ਦੀਆਂ ਸਾਰੀਆਂ ਭਟਕਣਾਂ ਛੱਡੋ, ਅਤੇ ਦਿਨ ਰਾਤ ਸਦਾ ਪਰਮਾਤਮਾ ਦਾ ਨਾਮ ਜਪਦੇ ਰਹੋ।
57310	1341	ਸਾਧਸੰਗਤਿ ਹਰਿ ਮਿਲੈ ਜਿਸਹਿ ਪੂਰਨ ਕਰਮ॥੩॥		Saadhhasangath Har Milai Jisehi Pooran Karam ||3||	One who has perfect karma joins the Saadh Sangat, the Company of the Holy, and meets the Lord. ||3||	ਜਿਸ ਮਨੁੱਖ ਦੇ ਪੂਰੇ ਭਾਗ ਜਾਗਦੇ ਹਨ, ਉਸ ਨੂੰ ਗੁਰੂ ਦੀ ਸੰਗਤ ਵਿਚ ਪਰਮਾਤਮਾ ਮਿਲ ਪੈਂਦਾ ਹੈ ॥੩॥

57311	1341	ਜਨਮ ਜਨਮ ਬਿਖਾਦ ਬਿਨਸੇ ਰਾਖਿ ਲੀਨੇ ਆਪਿ॥		Janam Janam Bikhaadh Binasae Raakh Leenae Aap ||	The sins of countless lifetimes are erased, and one is protected by the Lord Himself.	(ਪਰਮਾਤਮਾ ਦਾ ਨਾਮ ਜਪਿਆਂ) ਅਨੇਕਾਂ ਜਨਮਾਂ ਦੇ ਦੁੱਖ-ਕਲੇਸ਼ ਨਾਸ ਹੋ ਜਾਂਦੇ ਹਨ, (ਦੁੱਖਾਂ-ਕਲੇਸ਼ਾਂ ਤੋਂ) ਪਰਮਾਤਮਾ ਆਪ ਹੀ ਬਚਾ ਲੈਂਦਾ ਹੈ।
57312	1341	ਮਾਤ ਪਿਤਾ ਮੀਤ ਭਾਈ ਜਨ ਨਾਨਕ ਹਰਿ ਹਰਿ ਜਾਪਿ॥੪॥੧॥੧੩॥		Maath Pithaa Meeth Bhaaee Jan Naanak Har Har Jaap ||4||1||13||	He is our Mother, Father, Friend and Sibling; O servant Nanak, meditate on the Lord, Har, Har. ||4||1||13||	ਹੇ ਦਾਸ ਨਾਨਕ! ਸਦਾ ਪਰਮਾਤਮਾ ਦਾ ਨਾਮ ਜਪਿਆ ਕਰ। ਪਰਮਾਤਮਾ ਹੀ ਮਾਂ ਪਿਉ ਮਿੱਤਰ ਭਰਾ ਹੈ ॥੪॥੧॥੧੩॥
57313	1341	ਪ੍ਰਭਾਤੀ ਮਹਲਾ ੫ ਬਿਭਾਸ ਪੜਤਾਲ		Prabhaathee Mehalaa 5 Bibhaas Parrathaala	Prabhaatee, Fifth Mehl, Bibhaas, Partaal:	ਰਾਗ ਪ੍ਰਭਾਤੀ/ਬਿਭਾਗ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ 'ਪੜਤਾਲ'।
57314	1341	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
57315	1341	ਰਮ ਰਾਮ ਰਾਮ ਰਾਮ ਜਾਪ॥		Ram Raam Raam Raam Jaap ||	Chant the Name of the Lord, Raam, Raam, Raam.	ਸਰਬ-ਵਿਆਪਕ ਪਰਮਾਤਮਾ ਦਾ ਨਾਮ ਸਦਾ ਜਪਿਆ ਕਰ।

57316	1341	ਕਲਿ ਕਲੇਸ ਲੋਭ ਮੋਹ ਬਿਨਸਿ ਜਾਇ ਅਹੰ ਤਾਪ॥੧॥ਰਹਾਉ॥		Kal Kalaes Lobh Moh Binas Jaae Ahan Thaap ||1|| Rehaao ||	Conflict, suffering, greed and emotional attachment shall be dispelled, and the fever of egotism shall be relieved. ||1||Pause||	(ਸਿਮਰਨ ਦੀ ਬਰਕਤਿ ਨਾਲ) ਦੁੱਖ ਕਲੇਸ਼ ਲੋਭ ਮੋਹ ਹਉਮੈ ਦਾ ਤਾਪ-(ਹਰੇਕ ਵਿਕਾਰ) ਨਾਸ ਹੋ ਜਾਂਦਾ ਹੈ ॥੧॥ ਰਹਾਉ ॥
57317	1341	ਆਪੁ ਤਿਆਗਿ ਸੰਤ ਚਰਨ ਲਾਗਿ ਮਨੁ ਪਵਿਤੁ ਜਾਹਿ ਪਾਪ॥੧॥		Aap Thiaag Santh Charan Laag Man Pavith Jaahi Paap ||1||	Renounce your selfishness, and grasp the feet of the Saints; your mind shall be sanctified, and your sins shall be taken away. ||1||	ਆਪਾ-ਭਾਵ ਛੱਡ ਦੇਹ, ਸੰਤ ਜਨਾਂ ਦੇ ਚਰਨਾਂ ਵਿਚ ਟਿਕਿਆ ਰਹੁ। (ਇਸ ਤਰ੍ਹਾਂ) ਮਨ ਪਵਿੱਤਰ (ਹੋ ਜਾਂਦਾ ਹੈ, ਅਤੇ ਸਾਰੇ) ਪਾਪ ਦੂਰ ਹੋ ਜਾਂਦੇ ਹਨ ॥੧॥
57318	1341	ਨਾਨਕੁ ਬਾਰਿਕੁ ਕਛੂ ਨ ਜਾਨੈ ਰਾਖਨ ਕਉ ਪ੍ਰਭੁ ਮਾਈ ਬਾਪ॥੨॥੧॥੧੪॥		Naanak Baarik Kashhoo N Jaanai Raakhan Ko Prabh Maaee Baap ||2||1||14||	Nanak, the child, does not know anything at all. O God, please protect me; You are my Mother and Father. ||2||1||14||	ਨਾਨਕ (ਤਾਂ ਪ੍ਰਭੂ ਦਾ ਇਕ) ਅੰਞਾਣ ਬੱਚਾ (ਇਹਨਾਂ ਵਿਕਾਰਾਂ ਤੋਂ ਬਚਣ ਦਾ) ਕੋਈ ਢੰਗ ਨਹੀਂ ਜਾਣਦਾ। ਪ੍ਰਭੂ ਆਪ ਹੀ ਬਚਾ ਸਕਣ ਵਾਲਾ ਹੈ, ਉਹ ਪ੍ਰਭੂ ਹੀ (ਨਾਨਕ ਦਾ) ਮਾਂ ਪਿਉ ਹੈ ॥੨॥੧॥੧੪॥
57319	1341	ਪ੍ਰਭਾਤੀ ਮਹਲਾ ੫॥		Prabhaathee Mehalaa 5 ||	Prabhaatee, Fifth Mehl:	
57320	1341	ਚਰਨਕਮਲ ਸਰਨਿ ਟੇਕ॥		Charan Kamal Saran Ttaek ||	I have taken the Shelter and Support of the Lord's Lotus Feet.	(ਤੇਰੇ) ਸੋਹਣੇ ਚਰਨਾਂ ਦੀ ਸਰਨ ਹੀ (ਜੀਵਾਂ ਵਾਸਤੇ) ਆਸਰਾ ਹੈ।

57321	1341	ਊਚ ਮੂਚ ਬੇਅੰਤੁ ਠਾਕੁਰੁ ਸਰਬ ਊਪਰਿ ਤੁਹੀ ਏਕ॥੧॥ਰਹਾਉ॥		Ooch Mooch Baeanth Thaakur Sarab Oopar Thuhee Eaek ||1|| Rehaao ||	You are Lofty and Exalted, Grand and Infinite, O my Lord and Master; You alone are above all. ||1||Pause||	ਹੇ ਪ੍ਰਭੂ! ਸਭ ਜੀਵਾਂ ਦੇ ਉੱਤੇ ਇਕ ਤੂੰ ਹੀ (ਰਾਖਾ) ਹੈਂ। ਤੂੰ ਬੇਅੰਤ ਉੱਚਾ ਮਾਲਕ ਹੈਂ, ਤੂੰ ਬੇਅੰਤ ਵੱਡਾ ਮਾਲਕ ਹੈਂ ॥੧॥ ਰਹਾਉ ॥
57322	1341	ਪ੍ਰਾਨ ਅਧਾਰ ਦੁਖ ਬਿਦਾਰ ਦੈਨਹਾਰ ਬੁਧਿ ਬਿਬੇਕ॥੧॥		Praan Adhhaar Dhukh Bidhaar Dhainehaar Budhh Bibaek ||1||	He is the Support of the breath of life, the Destroyer of pain, the Giver of discriminating understanding. ||1||	ਹੇ ਪ੍ਰਭੂ! (ਤੂੰ ਸਭ ਜੀਵਾਂ ਦੀ) ਜਿੰਦ ਦਾ ਆਸਰਾ ਹੈਂ, ਤੂੰ (ਸਭ ਜੀਵਾਂ ਦੇ) ਦੁੱਖ ਨਾਸ ਕਰਨ ਵਾਲਾ ਹੈਂ, ਤੂੰ (ਜੀਵਾਂ ਨੂੰ) ਚੰਗੇ ਮੰਦੇ ਕਰਮ ਦੀ ਪਰਖ ਕਰ ਸਕਣ ਵਾਲੀ ਅਕਲ ਦੇਣ ਵਾਲਾ ਹੈਂ ॥੧॥
57323	1341	ਨਮਸਕਾਰ ਰਖਨਹਾਰ ਮਨਿ ਅਰਾਧਿ ਪ੍ਰਭੂ ਮੇਕ॥		Namasakaar Rakhanehaar Man Araadhh Prabhoo Maek ||	So bow down in respect to the Savior Lord; worship and adore the One God.	ਸਿਰਫ਼ (ਉਸ) ਪ੍ਰਭੂ ਨੂੰ ਹੀ (ਆਪਣੇ) ਮਨ ਵਿਚ ਸਿਮਰਿਆ ਕਰੋ, ਉਸ ਸਭ ਦੀ ਰਖਿਆ ਕਰ ਸਕਣ ਵਾਲੇ ਨੂੰ ਸਿਰ ਨਿਵਾਇਆ ਕਰੋ।
57324	1341	ਸੰਤ ਰੇਨੁ ਕਰਉ ਮਜਨੁ ਨਾਨਕ ਪਾਵੈ ਸੁਖ ਅਨੇਕ॥੨॥੨॥੧੫॥		Santh Raen Karo Majan Naanak Paavai Sukh Anaek ||2||2||15||	Bathing in the dust of the feet of the Saints, Nanak is blessed with countless comforts. ||2||2||15||	ਹੇ ਨਾਨਕ! ਮੈਂ (ਉਸ ਪ੍ਰਭੂ ਦੇ) ਸੰਤ ਜਨਾਂ ਦੇ ਚਰਨਾਂ ਦੀ ਧੂੜ ਵਿਚ ਇਸ਼ਨਾਨ ਕਰਦਾ ਹਾਂ। (ਜਿਹੜਾ ਮਨੁੱਖ ਸੰਤ-ਜਨਾਂ ਦੀ ਚਰਨ-ਧੂੜ ਵਿਚ ਇਸ਼ਨਾਨ ਕਰਦਾ ਹੈ, ਉਹ) ਅਨੇਕਾਂ ਸੁਖ ਹਾਸਲ ਕਰ ਲੈਂਦਾ ਹੈ ॥੨॥੨॥੧੫॥

57325	1342	ਪ੍ਰਭਾਤੀ ਅਸਟਪਦੀਆ ਮਹਲਾ ੧ ਬਿਭਾਸ	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Prabhaathee Asattapadheeaa Mehalaa 1 Bibhaasa	Prabhaatee, Ashtapadees, First Mehl, Bibhaas:	ਰਾਗ ਪ੍ਰਭਾਤੀ/ਬਿਭਾਗ ਵਿੱਚ ਗੁਰੂ ਨਾਨਕਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
57326	1342	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
57327	1342	ਦੁਬਿਧਾ ਬਉਰੀ ਮਨੁ ਬਉਰਾਇਆ॥		Dhubidhhaa Bouree Man Bouraaeiaa ||	The insanity of duality has driven the mind insane.	(ਮਾਇਆ ਦੇ ਮੋਹ ਦੇ ਕਾਰਨ ਮਨੁੱਖ ਦੀ ਮੱਤ) ਪਰਮਾਤਮਾ ਤੋਂ ਬਿਨਾ ਹੋਰ ਹੋਰ ਆਸਰੇ ਦੀ ਝਾਕ ਵਿਚ ਕਮਲੀ ਹੋ ਜਾਂਦੀ ਹੈ, ਮਨ (ਭੀ) ਕਮਲਾ ਹੋ ਜਾਂਦਾ ਹੈ।
57328	1342	ਝੂਠੈ ਲਾਲਚਿ ਜਨਮੁ ਗਵਾਇਆ॥		Jhoothai Laalach Janam Gavaaeiaa ||	In false greed, life is wasting away.	(ਇਸ ਤਰ੍ਹਾਂ) ਝੂਠੇ ਲਾਲਚ ਵਿਚ ਫਸ ਕੇ ਮਨੁੱਖ ਆਪਣਾ ਜੀਵਨ ਜ਼ਾਇਆ ਕਰ ਲੈਂਦਾ ਹੈ।
57329	1342	ਲਪਟਿ ਰਹੀ ਫੁਨਿ ਬੰਧੁ ਨ ਪਾਇਆ॥	(੨ ਬੰਧੁਨ)	Lapatt Rehee Fun Bandhh N Paaeiaa ||	Duality clings to the mind; it cannot be restrained.	(ਮਾਇਆ ਇਤਨੀ ਡਾਢੀ ਹੈ ਕਿ ਇਹ ਜੀਵ ਨੂੰ) ਮੁੜ ਮੁੜ ਚੰਬੜਦੀ ਹੈ, ਇਸ ਦੇ ਰਾਹ ਵਿਚ ਕੋਈ ਰੋਕ ਨਹੀਂ ਪੈ ਸਕਦੀ।
57330	1342	ਸਤਿਗੁਰਿ ਰਾਖੇ ਨਾਮੁ ਦ੍ਰਿੜਾਇਆ॥੧॥		Sathigur Raakhae Naam Dhrirraaeiaa ||1||	The True Guru saves us, implanting the Naam, the Name of the Lord within. ||1||	(ਹਾਂ) ਜਿਸ ਮਨੁੱਖ ਦੇ ਹਿਰਦੇ ਵਿਚ ਗੁਰੂ ਨੇ ਪਰਮਾਤਮਾ ਦਾ ਨਾਮ ਪੱਕਾ ਕਰ ਦਿੱਤਾ, ਉਸ ਨੂੰ ਉਸ ਨੇ (ਮਾਇਆ ਦੇ ਪੰਜੇ ਤੋਂ) ਬਚਾ ਲਿਆ ॥੧॥

57331	1342	ਨਾ ਮਨੁ ਮਰੈ ਨ ਮਾਇਆ ਮਰੈ॥		Naa Man Marai N Maaeiaa Marai ||	Without subduing the mind, Maya cannot be subdued.	ਮਾਇਆ (ਇਤਨੀ ਪ੍ਰਬਲ ਹੈ ਕਿ ਇਹ ਜੀਵਾਂ ਉਤੇ) ਆਪਣਾ ਜ਼ੋਰ ਪਾਣੋਂ ਨਹੀਂ ਹਟਦੀ, (ਮਨੁੱਖ ਦਾ) ਮਨ (ਕਮਜ਼ੋਰ ਹੈ ਇਹ) ਮਾਇਆ ਦੇ ਮੋਹ ਵਿਚ ਫਸਣੋਂ ਨਹੀਂ ਹਟਦਾ।
57332	1342	ਜਿਨਿ ਕਿਛੁ ਕੀਆ ਸੋਈ ਜਾਣੈ ਸਬਦੁ ਵੀਚਾਰਿ ਭਉ ਸਾਗਰੁ ਤਰੈ॥੧॥ਰਹਾਉ॥		Jin Kishh Keeaa Soee Jaanai Sabadh Veechaar Bho Saagar Tharai ||1|| Rehaao ||	The One who created this, He alone understands. Contemplating the Word of the Shabad, one is carried across the terrifying world-ocean. ||1||Pause||	ਜਿਸ ਪਰਮਾਤਮਾ ਨੇ ਇਹ ਖੇਡ ਰਚੀ ਹੈ ਉਹੀ ਜਾਣਦਾ ਹੈ (ਕਿ ਮਾਇਆ ਦੇ ਪ੍ਰਭਾਵ ਤੋਂ ਜੀਵ ਕਿਵੇਂ ਬਚ ਸਕਦਾ ਹੈ)। ਜੇਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਂਦਾ ਹੈ ਉਹ (ਮਾਇਆ ਦੇ ਮੋਹ-ਰੂਪ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ॥੧॥ ਰਹਾਉ ॥
57333	1342	ਮਾਇਆ ਸੰਚਿ ਰਾਜੇ ਅਹੰਕਾਰੀ॥		Maaeiaa Sanch Raajae Ahankaaree ||	Gathering the wealth of Maya, kings become proud and arrogant.	ਮਾਇਆ ਇਕੱਠੀ ਕਰ ਕੇ ਰਾਜੇ ਮਾਣ ਕਰਨ ਲੱਗ ਪੈਂਦੇ ਹਨ,
57334	1342	ਮਾਇਆ ਸਾਥਿ ਨ ਚਲੈ ਪਿਆਰੀ॥	ਚੱਲੈ	Maaeiaa Saathh N Chalai Piaaree ||	But this Maya that they love so much shall not go along with them in the end.	ਪਰ ਉਹਨਾਂ ਦੀ ਉਹ ਪਿਆਰੀ ਮਾਇਆ (ਅੰਤ ਵੇਲੇ) ਉਹਨਾਂ ਦੇ ਨਾਲ ਨਹੀਂ ਜਾਂਦੀ।
57335	1342	ਮਾਇਆ ਮਮਤਾ ਹੈ ਬਹੁ ਰੰਗੀ॥		Maaeiaa Mamathaa Hai Bahu Rangee ||	There are so many colors and flavors of attachment to Maya.	ਮਾਇਆ ਨੂੰ ਆਪਣੀ ਬਣਾਣ ਦੀ ਤਾਂਘ ਕਈ ਰੰਗਾਂ ਦੀ ਹੈ (ਭਾਵ, ਕਈ ਤਰੀਕਿਆਂ ਨਾਲ ਮਾਇਆ ਜੀਵ ਉਤੇ ਮਮਤਾ ਦਾ ਜਾਲ ਵਿਛਾਂਦੀ ਹੈ),

57336	1342	ਬਿਨੁ ਨਾਵੈ ਕੋ ਸਾਥਿ ਨ ਸੰਗੀ॥੨॥		Bin Naavai Ko Saathh N Sangee ||2||	Except for the Name, no one has any friend or companion. ||2||	ਪਰ ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਪਦਾਰਥ ਜੀਵ ਦਾ ਸੰਗੀ ਨਹੀਂ ਬਣਦਾ, ਜੀਵ ਦੇ ਨਾਲ ਨਹੀਂ ਜਾਂਦਾ ॥੨॥
57337	1342	ਜਿਉ ਮਨੁ ਦੇਖਹਿ ਪਰ ਮਨੁ ਤੈਸਾ॥		Jio Man Dhaekhehi Par Man Thaisaa ||	According to one's own mind, one sees the minds of others.	(ਮਾਇਆ ਦੇ ਪ੍ਰਭਾਵ ਹੇਠ ਜੀਵਾਂ ਦੀ ਹਾਲਤ ਇਹ ਹੋ ਜਾਂਦੀ ਹੈ ਕਿ ਮਨੁੱਖ) ਜਿਵੇਂ ਆਪਣੇ ਮਨ ਨੂੰ ਵੇਖਦੇ ਹਨ, ਤਿਹੋ ਜਿਹਾ ਹੋਰਨਾਂ ਦੇ ਮਨ ਨੂੰ ਸਮਝਦੇ ਹਨ (ਭਾਵ, ਜਿਵੇਂ ਆਪਣੇ ਆਪ ਨੂੰ ਮਾਇਆ-ਵੱਸ ਜਾਣਦੇ ਹਨ ਤਿਵੇਂ ਹੋਰਨਾਂ ਨੂੰ ਭੀ ਮਾਇਆ ਦੇ ਲੋਭੀ ਸਮਝਦੇ ਹਨ। ਇਸ ਵਾਸਤੇ ਕੋਈ ਕਿਸੇ ਉਤੇ ਇਤਬਾਰ ਨਹੀਂ ਕਰਦਾ)।
57338	1342	ਜੈਸੀ ਮਨਸਾ ਤੈਸੀ ਦਸਾ॥		Jaisee Manasaa Thaisee Dhasaa ||	According to one's desires, one's condition is determined.	(ਮਨੁੱਖ ਦੇ ਅੰਦਰ) ਜਿਹੋ ਜਿਹੀ ਕਾਮਨਾ ਉੱਠਦੀ ਹੈ ਤਿਹੋ ਜਿਹੀ ਉਸ ਦੇ ਆਤਮਕ ਜੀਵਨ ਦੀ ਹਾਲਤ ਹੋ ਜਾਂਦੀ ਹੈ,
57339	1342	ਜੈਸਾ ਕਰਮੁ ਤੈਸੀ ਲਿਵ ਲਾਵੈ॥		Jaisaa Karam Thaisee Liv Laavai ||	According to one's actions, one is focused and tuned in.	(ਉਸ ਦਸ਼ਾ ਦੇ ਅਧੀਨ) ਮਨੁੱਖ ਜਿਹੋ ਜਿਹਾ ਕੰਮ (ਨਿੱਤ) ਕਰਦਾ ਹੈ, ਉਹੋ ਜਿਹੀ ਉਸ ਦੀ ਲਗਨ ਬਣਦੀ ਜਾਂਦੀ ਹੈ।

57340	1342	ਸਤਿਗੁਰੁ ਪੂਛਿ ਸਹਜ ਘਰੁ ਪਾਵੈ॥੩॥		Sathigur Pooshh Sehaj Ghar Paavai ||3||	Seeking the advice of the True Guru, one finds the home of peace and poise. ||3||	(ਇਸ ਗੇੜ ਵਿਚ ਫਸਿਆ ਮਨੁੱਖ ਸਾਰੀ ਉਮਰ ਮਾਇਆ ਦੀ ਖ਼ਾਤਰ ਭਟਕਦਾ ਫਿਰਦਾ ਹੈ)। ਸਤਿਗੁਰੂ ਪਾਸੋਂ ਸਿੱਖਿਆ ਲੈ ਕੇ ਹੀ ਮਨੁੱਖ ਆਤਮਕ ਅਡੋਲਤਾ ਦਾ ਟਿਕਾਣਾ ਲੱਭ ਸਕਦਾ ਹੈ ॥੩॥
57341	1342	ਰਾਗਿ ਨਾਦਿ ਮਨੁ ਦੂਜੈ ਭਾਇ॥		Raag Naadh Man Dhoojai Bhaae ||	In music and song, the mind is caught by the love of duality.	(ਦੁਨੀਆ ਵਾਲਾ ਰਾਗ-ਰੰਗ ਭੀ ਮਾਇਆ ਦਾ ਹੀ ਸਰੂਪ ਹੈ। ਵਿਕਾਰ-ਵਾਸਨਾ ਪੈਦਾ ਕਰਨ ਵਾਲੇ) ਰਾਗ-ਰੰਗ ਵਿਚ ਫਸ ਕੇ ਮਨੁੱਖ ਦਾ ਮਨ ਪਰਮਾਤਮਾ ਤੋਂ ਬਿਨਾ ਹੋਰ ਹੋਰ ਮੋਹ ਵਿਚ ਫਸਦਾ ਹੈ।
57342	1342	ਅੰਤਰਿ ਕਪਟੁ ਮਹਾ ਦੁਖੁ ਪਾਇ॥		Anthar Kapatt Mehaa Dhukh Paae ||	Filled with deception deep within, one suffers in terrible pain.	(ਇਸ ਰਾਗ-ਰੰਗ ਦੀ ਰਾਹੀਂ ਜਿਉਂ ਜਿਉਂ ਵਿਕਾਰ-ਵਾਸਨਾ ਵਧਦੀ ਹੈ) ਮਨੁੱਖ ਦੇ ਅੰਦਰ ਖੋਟ ਪੈਦਾ ਹੁੰਦਾ ਹੈ (ਤੇ ਖੋਟ ਦੇ ਕਾਰਨ) ਮਨੁੱਖ ਬਹੁਤ ਦੁੱਖ ਪਾਂਦਾ ਹੈ।
57343	1342	ਸਤਿਗੁਰੁ ਭੇਟੈ ਸੋਝੀ ਪਾਇ॥		Sathigur Bhaettai Sojhee Paae ||	Meeting with the True Guru, one is blessed with clear understanding,	ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਉਸ ਨੂੰ (ਸਹੀ ਜੀਵਨ ਰਾਹ ਦੀ) ਸਮਝ ਆ ਜਾਂਦੀ ਹੈ।
57344	1342	ਸਚੈ ਨਾਮਿ ਰਹੈ ਲਿਵ ਲਾਇ॥੪॥		Sachai Naam Rehai Liv Laae ||4||	And remains lovingly attuned to the True Name. ||4||	ਉਹ ਮਨੁੱਖ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਸੁਰਤ ਜੋੜੀ ਰੱਖਦਾ ਹੈ ॥੪॥

57345	1342	ਸਚੈ ਸਬਦਿ ਸਚੁ ਕਮਾਵੈ॥		Sachai Sabadh Sach Kamaavai ||	Through the True Word of the Shabad, one practices Truth.	(ਜਿਸ ਮਨੁੱਖ ਨੂੰ ਗੁਰੂ ਮਿਲਦਾ ਹੈ ਉਹ) ਗੁਰੂ ਦੇ ਸੱਚੇ ਸ਼ਬਦ ਵਿਚ ਜੁੜ ਕੇ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ ਦੀ ਕਾਰ ਕਮਾਂਦਾ ਹੈ,
57346	1342	ਸਚੀ ਬਾਣੀ ਹਰਿ ਗੁਣ ਗਾਵੈ॥		Sachee Baanee Har Gun Gaavai ||	He sings the Glorious Praises of the Lord, through the True Word of His Bani.	ਉਹ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਵਿਚ ਜੁੜਦਾ ਹੈ ਉਹ ਪਰਮਾਤਮਾ ਦੇ ਗੁਣ (ਸਦਾ) ਗਾਂਦਾ ਹੈ।
57347	1342	ਨਿਜ ਘਰਿ ਵਾਸੁ ਅਮਰਪਦੁ ਪਾਵੈ॥		Nij Ghar Vaas Amar Padh Paavai ||	He dwells in the home of his own heart deep within, and obtains the immortal status.	ਉਹ (ਬਾਹਰ ਮਾਇਆ ਦੇ ਪਿੱਛੇ ਭਟਕਣ ਦੇ ਥਾਂ) ਆਪਣੇ ਅੰਤਰ ਆਤਮੇ ਹੀ ਟਿਕਦਾ ਹੈ, ਉਸ ਨੂੰ ਉਹ ਅਵਸਥਾ ਪ੍ਰਾਪਤ ਹੋ ਜਾਂਦੀ ਹੈ ਜਿਥੇ ਸਦਾ ਉੱਚਾ ਆਤਮਕ ਜੀਵਨ ਬਣਿਆ ਰਹਿੰਦਾ ਹੈ।
57348	1342	ਤਾ ਦਰਿ ਸਾਚੈ ਸੋਭਾ ਪਾਵੈ॥੫॥		Thaa Dhar Saachai Sobhaa Paavai ||5||	Then, he is blessed with honor in the Court of the True Lord. ||5||	ਤਦੋਂ ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਦਰ ਤੇ ਆਦਰ ਪਾਂਦਾ ਹੈ ॥੫॥
57349	1342	ਗੁਰ ਸੇਵਾ ਬਿਨੁ ਭਗਤਿ ਨ ਹੋਈ॥		Gur Saevaa Bin Bhagath N Hoee ||	Without serving the Guru, there is no devotional worship,	ਗੁਰੂ ਦੀ ਦੱਸੀ ਸੇਵਾ ਕਰਨ ਤੋਂ ਬਿਨਾ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ,
57350	1342	ਅਨੇਕ ਜਤਨ ਕਰੈ ਜੇ ਕੋਈ॥		Anaek Jathan Karai Jae Koee ||	Even though one may make all sorts of efforts.	ਭਾਵੇਂ ਕੋਈ ਮਨੁੱਖ ਅਨੇਕਾਂ ਜਤਨ ਭੀ ਕਰ ਲਏ। (ਹਉਮੈ ਤੇ ਮਮਤਾ ਮਨੁੱਖ ਦਾ ਮਨ ਭਗਤੀ ਵਿਚ ਜੁੜਨ ਨਹੀਂ ਦੇਂਦੇ)

57351	1342	ਹਉਮੈ ਮੇਰਾ ਸਬਦੇ ਖੋਈ॥		Houmai Maeraa Sabadhae Khoee ||	If one eradicates egotism and selfishness through the Shabad,	ਇਹ ਹਉਮੈ ਤੇ ਮਮਤਾ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਮਨੁੱਖ (ਆਪਣੇ ਅੰਦਰੋਂ) ਦੂਰ ਕਰ ਸਕਦਾ ਹੈ।
57352	1342	ਨਿਰਮਲ ਨਾਮੁ ਵਸੈ ਮਨਿ ਸੋਈ॥੬॥		Niramal Naam Vasai Man Soee ||6||	The Immaculate Naam comes to abide in the mind. ||6||	ਜਿਸ ਮਨੁੱਖ ਦੇ ਮਨ ਵਿਚ (ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ) ਪਵਿਤ੍ਰ ਨਾਮ ਵੱਸ ਪੈਂਦਾ ਹੈ ਉਹ ਪਵਿਤ੍ਰ ਜੀਵਨ ਵਾਲਾ ਹੋ ਜਾਂਦਾ ਹੈ ॥੬॥
57353	1342	ਇਸੁ ਜਗ ਮਹਿ ਸਬਦੁ ਕਰਣੀ ਹੈ ਸਾਰੁ॥		Eis Jag Mehi Sabadh Karanee Hai Saar ||	In this world, the practice of the Shabad is the most excellent occupation.	ਸਤਿਗੁਰੂ ਦਾ ਸ਼ਬਦ (ਹਿਰਦੇ ਵਿਚ ਵਸਾਣਾ) ਇਸ ਜਗਤ ਵਿਚ ਸਭ ਤੋਂ ਸ੍ਰੇਸ਼ਟ ਕਰਤੱਬ ਹੈ।
57354	1342	ਬਿਨੁ ਸਬਦੈ ਹੋਰੁ ਮੋਹੁ ਗੁਬਾਰੁ॥		Bin Sabadhai Hor Mohu Gubaar ||	Without the Shabad, everything else is the darkness of emotional attachment.	ਗੁਰ-ਸ਼ਬਦ ਤੋਂ ਬਿਨਾ ਮਨੁੱਖ ਦੀ ਜਿੰਦ ਵਾਸਤੇ (ਚਾਰ ਚੁਫੇਰੇ) ਹੋਰ ਸਭ ਕੁਝ ਮੋਹ (-ਰੂਪ) ਘੁੱਪ ਹਨੇਰਾ ਪੈਦਾ ਕਰਨ ਵਾਲਾ ਹੈ।
57355	1342	ਸਬਦੇ ਨਾਮੁ ਰਖੈ ਉਰਿ ਧਾਰਿ॥		Sabadhae Naam Rakhai Our Dhaar ||	Through the Shabad, the Naam is enshrined within the heart.	ਜੇਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਟਿਕਾ ਕੇ ਰੱਖਦਾ ਹੈ,

57356	1342	ਸਬਦੇ ਗਤਿ ਮਤਿ ਮੋਖ ਦੁਆਰੁ॥੭॥		Sabadhae Gath Math Mokh Dhuaar ||7||	Through the Shabad, one obtains clear understanding and the door of salvation. ||7||	ਉਹ ਸ਼ਬਦ ਵਿਚ ਜੁੜ ਕੇ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ ਉਸ ਦੀ ਮੱਤ ਸੁਚੱਜੀ ਹੋ ਜਾਂਦੀ ਹੈ, ਉਹ (ਮਾਇਆ ਦੇ ਮੋਹ ਤੋਂ) ਖ਼ਲਾਸੀ ਪਾਣ ਦਾ ਰਸਤਾ ਲੱਭ ਲੈਂਦਾ ਹੈ ॥੭॥
57357	1342	ਅਵਰੁ ਨਾਹੀ ਕਰਿ ਦੇਖਣਹਾਰੋ॥		Avar Naahee Kar Dhaekhanehaaro ||	There is no other Creator except the All-seeing Lord God.	(ਗੁਰੂ ਦੇ ਸ਼ਬਦ ਵਿਚ ਜੁੜਨ ਵਾਲੇ ਨੂੰ ਇਹ ਸਮਝ ਆ ਜਾਂਦੀ ਹੈ ਕਿ) ਜਗਤ ਰਚ ਕੇ ਇਸ ਦੀ ਸੰਭਾਲ ਕਰਨ ਵਾਲਾ ਇਕ ਪਰਮਾਤਮਾ ਹੀ ਹੈ, ਹੋਰ ਕੋਈ ਦੂਜਾ ਨਹੀਂ ਹੈ।
57358	1342	ਸਾਚਾ ਆਪਿ ਅਨੂਪੁ ਅਪਾਰੋ॥		Saachaa Aap Anoop Apaaro ||	The True Lord Himself is Infinite and Incomparably Beautiful.	ਉਹ ਪ੍ਰਭੂ ਆਪ ਸਦਾ-ਥਿਰ ਰਹਿਣ ਵਾਲਾ ਹੈ, ਉਸ ਵਰਗਾ ਹੋਰ ਕੋਈ ਨਹੀਂ, ਤੇ ਉਸ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ।
57359	1342	ਰਾਮ ਨਾਮ ਊਤਮ ਗਤਿ ਹੋਈ॥		Raam Naam Ootham Gath Hoee ||	Through the Lord's Name, one obtains the most sublime and exalted state.	ਉਹ ਮਨੁੱਖ ਪ੍ਰਭੂ ਦਾ ਨਾਮ ਜਪ ਕੇ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲੈਂਦਾ ਹੈ।
57360	1342	ਨਾਨਕ ਖੋਜਿ ਲਹੈ ਜਨੁ ਕੋਈ॥੮॥੧॥		Naanak Khoj Lehai Jan Koee ||8||1||	O Nanak, how rare are those humble beings, who seek and find the Lord. ||8||1||	ਪਰ, ਹੇ ਨਾਨਕ! ਕੋਈ ਵਿਰਲਾ ਮਨੁੱਖ ਹੀ (ਗੁਰੂ ਦੇ ਸ਼ਬਦ ਦੀ ਰਾਹੀਂ) ਭਾਲ ਕਰ ਕੇ ਪਰਮਾਤਮਾ ਦੀ ਪ੍ਰਾਪਤੀ ਕਰਦਾ ਹੈ ॥੮॥੧॥

57361	1342	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	
57362	1342	ਮਾਇਆ ਮੋਹਿ ਸਗਲ ਜਗੁ ਛਾਇਆ॥		Maaeiaa Mohi Sagal Jag Shhaaeiaa ||	Emotional attachment to Maya is spread out all over the world.	(ਪ੍ਰਭੂ ਦੇ ਨਾਮ ਤੋਂ ਖੁੰਝੇ ਹੋਏ) ਸਾਰੇ ਜਗਤ ਨੂੰ ਮਾਇਆ ਦੇ ਮੋਹ ਨੇ ਪ੍ਰਭਾਵਿਤ ਕੀਤਾ ਹੋਇਆ ਹੈ।
57363	1342	ਕਾਮਣਿ ਦੇਖਿ ਕਾਮਿ ਲੋਭਾਇਆ॥		Kaaman Dhaekh Kaam Lobhaaeiaa ||	Seeing a beautiful woman, the man is overcome with sexual desire.	(ਕਿਤੇ ਤਾਂ ਇਹ) ਇਸਤ੍ਰੀ ਨੂੰ ਵੇਖ ਕੇ ਕਾਮ-ਵਾਸਨਾ ਵਿਚ ਫਸਦਾ ਹੈ,
57364	1342	ਸੁਤ ਕੰਚਨ ਸਿਉ ਹੇਤੁ ਵਧਾਇਆ॥		Suth Kanchan Sio Haeth Vadhhaaeiaa ||	His love for his children and gold steadily increases.	(ਕਿਤੇ ਇਹ ਜਗਤ) ਪੁੱਤਰਾਂ ਤੇ ਸੋਨੇ (ਆਦਿਕ ਧਨ) ਨਾਲ ਪਿਆਰ ਵਧਾ ਰਿਹਾ ਹੈ।
57365	1342	ਸਭੁ ਕਿਛੁ ਅਪਨਾ ਇਕੁ ਰਾਮੁ ਪਰਾਇਆ॥੧॥		Sabh Kishh Apanaa Eik Raam Paraaeiaa ||1||	He sees everything as his own, but he does not own the One Lord. ||1||	(ਜਗਤ ਨੇ ਦਿੱਸਦੀ) ਹਰੇਕ ਚੀਜ਼ ਨੂੰ ਆਪਣੀ ਬਣਾਇਆ ਹੋਇਆ ਹੈ, ਸਿਰਫ਼ ਪਰਮਾਤਮਾ ਨੂੰ ਹੀ (ਇਹ) ਓਪਰਾ ਸਮਝਦਾ ਹੈ ॥੧॥
57366	1342	ਐਸਾ ਜਾਪੁ ਜਪਉ ਜਪਮਾਲੀ॥	(ਜਪਮਾਲੀ) ਮਾਲ਼ਾ	Aisaa Jaap Japo Japamaalee ||	I meditate as I chant on such a mala,	(ਜਿਵੇਂ ਮਾਲਾ ਦੇ ਮਣਕੇ ਮੁੱਕਦੇ ਨਹੀਂ, ਮਣਕਿਆਂ ਦਾ ਗੇੜ ਜਾਰੀ ਰਹਿੰਦਾ ਹੈ) ਮੈਂ ਇਕ-ਤਾਰ (ਸਦਾ) ਅਜੇਹੇ ਤਰੀਕੇ ਨਾਲ ਪਰਮਾਤਮਾ ਦੇ ਗੁਣਾਂ ਦਾ ਜਾਪ ਜਪਦਾ ਹਾਂ,

57367	1342	ਦੁਖ ਸੁਖ ਪਰਹਰਿ ਭਗਤਿ ਨਿਰਾਲੀ॥੧॥ਰਹਾਉ ॥		Dhukh Sukh Parehar Bhagath Niraalee ||1|| Rehaao ||	That I rise above pleasure and pain; I attain the most wondrous devotional worship of the Lord. ||1||Pause||	ਕਿ ਦੁੱਖਾਂ ਦੀ ਘਬਰਾਹਟ ਤੇ ਸੁਖਾਂ ਦੀ ਲਾਲਸਾ ਛੱਡ ਕੇ ਪ੍ਰਭੂ ਦੀ ਕੇਵਲ (ਪ੍ਰੇਮ-ਭਰੀ) ਭਗਤੀ ਹੀ ਕਰਦਾ ਹਾਂ ॥੧॥ ਰਹਾਉ ॥
57368	1342	ਗੁਣ ਨਿਧਾਨ ਤੇਰਾ ਅੰਤੁ ਨ ਪਾਇਆ॥		Gun Nidhhaan Thaeraa Anth N Paaeiaa ||	O Treasure of Virtue, Your limits cannot be found.	ਹੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ! (ਤੇਰੀ ਕੁਦਰਤਿ ਦਾ) ਕਿਸੇ ਅੰਤ ਨਹੀਂ ਲੱਭਾ।
57369	1342	ਸਾਚ ਸਬਦਿ ਤੁਝ ਮਾਹਿ ਸਮਾਇਆ॥		Saach Sabadh Thujh Maahi Samaaeiaa ||	Through the True Word of the Shabad, I am absorbed into You.	ਜੇਹੜਾ ਮਨੁੱਖ ਤੇਰੀ ਸਦਾ-ਥਿਰ ਰਹਿਣ ਵਾਲੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ ਜੁੜਦਾ ਹੈ ਉਹੋ ਤੇਰੇ ਚਰਨਾਂ ਵਿਚ ਲੀਨ ਰਹਿੰਦਾ ਹੈ (ਉਹ ਤੈਨੂੰ "ਪਰਾਇਆ" ਨਹੀਂ ਜਾਣਦਾ)।
57370	1342	ਆਵਾ ਗਉਣੁ ਤੁਧੁ ਆਪਿ ਰਚਾਇਆ॥		Aavaa Goun Thudhh Aap Rachaaeiaa ||	You Yourself created the comings and goings of reincarnation.	ਹੇ ਪ੍ਰਭੂ! ਜਨਮ ਮਰਨ ਦਾ ਗੇੜ ਤੂੰ ਆਪ ਹੀ ਬਣਾਇਆ ਹੈ,
57371	1342	ਸੇਈ ਭਗਤ ਜਿਨ ਸਚਿ ਚਿਤੁ ਲਾਇਆ ॥੨॥		Saeee Bhagath Jin Sach Chith Laaeiaa ||2||	They alone are devotees, who focus their consciousness on You. ||2||	ਜਿਨ੍ਹਾਂ ਨੇ ਤੇਰੇ ਸਦਾ-ਥਿਰ ਨਾਮ ਵਿਚ ਚਿੱਤ ਜੋੜਿਆ ਹੈ (ਉਹ ਇਸ ਗੇੜ ਵਿਚ ਨਹੀਂ ਪੈਂਦੇ, ਤੇ) ਉਹੀ (ਤੇਰੇ ਅਸਲ) ਭਗਤ ਹਨ ॥੨॥

57372	1342	ਗਿਆਨੁ ਧਿਆਨੁ ਨਰਹਰਿ ਨਿਰਬਾਣੀ॥		Giaan Dhhiaan Narehar Nirabaanee ||	Spiritual wisdom and meditation on the Lord, the Lord of Nirvaanaa	ਉਸ ਵਾਸਨਾ-ਰਹਿਤ ਪ੍ਰਭੂ ਨਾਲ ਡੂੰਘੀ ਸਾਂਝ ਤੇ ਉਸ ਦੇ ਚਰਨਾਂ ਵਿਚ ਜੁੜਨ (ਦੁਆਰਾ ਹੀ ਇਹ ਸੂਝ ਪੈਂਦੀ ਹੈ ਕਿ ਪਰਮਾਤਮਾ ਸਾਰੇ ਵਿਆਪਕ ਹੈ)
57373	1342	ਬਿਨੁ ਸਤਿਗੁਰ ਭੇਟੇ ਕੋਇ ਨ ਜਾਣੀ॥		Bin Sathigur Bhaettae Koe N Jaanee ||	- without meeting the True Guru, no one knows this.	ਸਤਿਗੁਰੂ ਨੂੰ ਮਿਲਣ ਤੋਂ ਬਿਨਾ ਕੋਈ ਮਨੁੱਖ ਨਹੀਂ ਸਮਝ ਸਕਦਾ,
57374	1342	ਸਗਲ ਸਰੋਵਰ ਜੋਤਿ ਸਮਾਣੀ॥		Sagal Sarovar Joth Samaanee ||	The Lord's Light fills the sacred pools of all beings.	ਕਿ ਪਰਮਾਤਮਾ ਦੀ ਜੋਤਿ ਸਾਰੇ ਹੀ ਸਰੀਰਾਂ ਵਿਚ ਵਿਆਪਕ ਹੈ।
57375	1342	ਆਨਦ ਰੂਪ ਵਿਟਹੁ ਕੁਰਬਾਣੀ॥੩॥		Aanadh Roop Vittahu Kurabaanee ||3||	I am a sacrifice to the Embodiment of Bliss. ||3||	ਮੈਂ ਉਸ ਆਨੰਦ-ਸਰੂਪ ਪਰਮਾਤਮਾ ਤੋਂ ਸਦਕੇ (ਜਾਂਦਾ) ਹਾਂ ॥੩॥
57376	1342	ਭਾਉ ਭਗਤਿ ਗੁਰਮਤੀ ਪਾਏ॥		Bhaao Bhagath Guramathee Paaeae ||	Through the Guru's Teachings, one achieves loving devotional worship.	ਜੇਹੜਾ ਮਨੁੱਖ ਗੁਰੂ ਦੀ ਮੱਤ ਤੇ ਤੁਰ ਕੇ ਪਰਮਾਤਮਾ ਨਾਲ ਪਿਆਰ ਕਰਨਾ ਸਿੱਖਦਾ ਹੈ ਪਰਮਾਤਮਾ ਦੀ ਭਗਤੀ ਕਰਦਾ ਹੈ,
57377	1342	ਹਉਮੈ ਵਿਚਹੁ ਸਬਦਿ ਜਲਾਏ॥		Houmai Vichahu Sabadh Jalaaeae ||	The Shabad burns away egotism from within.	ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਣੇ ਅੰਦਰੋਂ ਹਉਮੈ ਨੂੰ ਸਾੜ ਦੇਂਦਾ ਹੈ।

57378	1343	ਧਾਵਤੁ ਰਾਖੈ ਠਾਕਿ ਰਹਾਏ॥		Dhhaavath Raakhai Thaak Rehaaeae ||	The wandering mind is restrained and held in its place.	ਉਹ (ਮਾਇਆ ਵੱਲ) ਦੌੜਦੇ ਮਨ ਨੂੰ ਬਚਾ ਲੈਂਦਾ ਹੈ (ਬਾਹਰ ਜਾਂਦੇ ਨੂੰ) ਰੋਕ ਕੇ (ਆਪਣੇ ਅੰਦਰ ਹੀ) ਟਿਕਾ ਲੈਂਦਾ ਹੈ।
57379	1343	ਸਚਾ ਨਾਮੁ ਮੰਨਿ ਵਸਾਏ॥੪॥		Sachaa Naam Mann Vasaaeae ||4||	The True Name is enshrined in the mind. ||4||	ਉਹ ਮਨੁੱਖ ਪਰਮਾਤਮਾ ਦਾ ਸਦਾ-ਥਿਰ ਨਾਮ ਆਪਣੇ ਮਨ ਵਿਚ ਵਸਾ ਲੈਂਦਾ ਹੈ ॥੪॥
57380	1343	ਬਿਸਮ ਬਿਨੋਦ ਰਹੇ ਪਰਮਾਦੀ॥		Bisam Binodh Rehae Paramaadhee ||	The exciting and intoxicating worldly plays come to an end,	(ਉਸ ਮਨੁੱਖ ਦੇ ਅੰਦਰੋਂ) ਮੋਹ ਦੇ ਮਸਤੀ ਪੈਦਾ ਕਰਨ ਵਾਲੇ ਅਚਰਜ ਚੋਜ ਤਮਾਸ਼ੇ ਖ਼ਤਮ ਹੋ ਜਾਂਦੇ ਹਨ।
57381	1343	ਗੁਰਮਤਿ ਮਾਨਿਆ ਏਕ ਲਿਵ ਲਾਗੀ॥		Guramath Maaniaa Eaek Liv Laagee ||	For those who accept the Guru's Teachings, and become lovingly attuned to the One Lord.	ਉਸ ਦਾ ਮਨ ਗੁਰੂ ਦੀ ਸਿੱਖਿਆ ਵਿਚ ਪਤੀਜ ਜਾਂਦਾ ਹੈ, ਉਸ ਦੀ ਸੁਰਤ ਇਕ ਪ੍ਰਭੂ ਵਿਚ ਜੁੜੀ ਰਹਿੰਦੀ ਹੈ।
57382	1343	ਦੇਖਿ ਨਿਵਾਰਿਆ ਜਲ ਮਹਿ ਆਗੀ॥		Dhaekh Nivaariaa Jal Mehi Aagee ||	Seeing this, the fire in the water is extinguished.	ਪਰਮਾਤਮਾ ਦਾ ਦਰਸਨ ਕਰ ਕੇ ਪਰਮਾਤਮਾ ਦੇ ਨਾਮ-ਜਲ ਵਿਚ ਚੁੱਭੀ ਲਾ ਕੇ ਉਹ ਆਪਣੇ ਅੰਦਰੋਂ ਤ੍ਰਿਸ਼ਨਾ ਦੀ ਅੱਗ ਬੁਝਾ ਲੈਂਦਾ ਹੈ।
57383	1343	ਸੋ ਬੂਝੈ ਹੋਵੈ ਵਡਭਾਗੀ॥੫॥	ਬੂੱਝੈ	So Boojhai Hovai Vaddabhaagee ||5||	They alone realize this, who are blessed by great good fortune. ||5||	ਪਰ ਇਹ ਭੇਤ ਉਹੀ ਸਮਝਦਾ ਹੈ ਜੋ ਚੰਗੇ ਭਾਗਾਂ ਵਾਲਾ ਹੋਵੇ ॥੫॥

57384	1343	ਸਤਿਗੁਰੁ ਸੇਵੇ ਭਰਮੁ ਚੁਕਾਏ॥		Sathigur Saevae Bharam Chukaaeae ||	Serving the True Guru, doubt is dispelled.	ਜੇਹੜਾ ਮਨੁੱਖ ਸਤਿਗੁਰੂ ਦੀ ਸਰਨ ਪੈਂਦਾ ਹੈ ਉਹ ਆਪਣੇ ਮਨ ਦੀ ਭਟਕਣਾ ਦੂਰ ਕਰ ਲੈਂਦਾ ਹੈ,
57385	1343	ਅਨ ਦਿਨੁ ਜਾਗੈ ਸਚਿ ਲਿਵ ਲਾਏ॥		Anadhin Jaagai Sach Liv Laaeae ||	Those who are lovingly attuned to the True Lord remain awake and aware night and day.	ਉਹ ਹਰ ਵੇਲੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ, ਉਹ ਸਦਾ-ਥਿਰ ਪ੍ਰਭੂ ਵਿਚ ਆਪਣੀ ਸੁਰਤ ਜੋੜੀ ਰੱਖਦਾ ਹੈ।
57386	1343	ਏਕੋ ਜਾਣੈ ਅਵਰੁ ਨ ਕੋਇ॥		Eaeko Jaanai Avar N Koe ||	They know the One Lord, and no other.	ਉਹ ਮਨੁੱਖ ਸਿਰਫ਼ ਪਰਮਾਤਮਾ ਨੂੰ ਹੀ ਸੁਖਾਂ ਦਾ ਦਾਤਾ ਸਮਝਦਾ ਹੈ, ਕਿਸੇ ਹੋਰ ਨੂੰ ਨਹੀਂ।
57387	1343	ਸੁਖਦਾਤਾ ਸੇਵੇ ਨਿਰਮਲੁ ਹੋਇ॥੬॥		Sukhadhaathaa Saevae Niramal Hoe ||6||	Serving the Giver of peace, they become immaculate. ||6||	ਉਹ ਉਸ ਸੁਖਦਾਤੇ ਨੂੰ ਸਿਮਰਦਾ ਹੈ ਤੇ (ਸਿਮਰਨ ਦੀ ਬਰਕਤਿ ਨਾਲ) ਪਵਿਤ੍ਰ (ਜੀਵਨ ਵਾਲਾ) ਹੋ ਜਾਂਦਾ ਹੈ ॥੬॥
57388	1343	ਸੇਵਾ ਸੁਰਤਿ ਸਬਦਿ ਵੀਚਾਰਿ॥		Saevaa Surath Sabadh Veechaar ||	Selfless service and intuitive awareness come by reflecting upon the Word of the Shabad.	ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਕਰ ਕੇ ਉਸ ਮਨੁੱਖ ਦੀ ਸੁਰਤ ਸੇਵਾ ਵਲ ਪਰਤਦੀ ਹੈ,
57389	1343	ਜਪੁ ਤਪੁ ਸੰਜਮੁ ਹਉਮੈ ਮਾਰਿ॥		Jap Thap Sanjam Houmai Maar ||	Chanting, intensive meditation and austere self-discipline come by subduing the ego.	ਆਪਣੇ ਅੰਦਰੋਂ ਹਉਮੈ ਮਾਰ ਕੇ ਉਹ, ਮਾਨੋ, ਜਪ ਤਪ ਤੇ ਸੰਜਮ ਕਮਾ ਲੈਂਦਾ ਹੈ।

57390	1343	ਜੀਵਨ ਮੁਕਤੁ ਜਾ ਸਬਦੁ ਸੁਣਾਏ॥		Jeevan Mukath Jaa Sabadh Sunaaeae ||	One becomes Jivan-mukta - liberated while yet alive, by listening to the Shabad.	ਸਤਿਗੁਰੂ ਉਸ ਨੂੰ ਆਪਣਾ ਸ਼ਬਦ ਸੁਣਾਂਦਾ ਹੈ ਤੇ ਉਹ ਮਨੁੱਖ ਦੁਨੀਆ ਦੇ ਕਾਰ-ਵਿਹਾਰ ਕਰਦਾ ਹੋਇਆ ਹੀ (ਮਾਇਆ ਦੇ ਮੋਹ ਤੋਂ) ਸੁਤੰਤਰ ਹੋ ਜਾਂਦਾ ਹੈ।
57391	1343	ਸਚੀ ਰਹਤ ਸਚਾ ਸੁਖੁ ਪਾਏ॥੭॥		Sachee Rehath Sachaa Sukh Paaeae ||7||	Living a truthful way of life, one finds true peace. ||7||	ਉਸ ਦੀ ਰਹਤ-ਬਹਤ ਐਸੀ ਹੋ ਜਾਂਦੀ ਹੈ ਕਿ (ਮਾਇਆ ਵੱਲ) ਉਹ ਡੋਲਦਾ ਨਹੀਂ ਤੇ (ਇਸ ਤਰ੍ਹਾਂ) ਉਹ ਸਦਾ ਕਾਇਮ ਰਹਿਣ ਵਾਲਾ ਆਤਮਕ ਆਨੰਦ ਮਾਣਦਾ ਹੈ ॥੭॥
57392	1343	ਸੁਖਦਾਤਾ ਦੁਖੁ ਮੇਟਣਹਾਰਾ॥		Sukhadhaathaa Dhukh Maettanehaaraa ||	The Giver of peace is the Eradicator of pain.	ਉਸ ਮਨੁੱਖ ਨੂੰ ਪਰਮਾਤਮਾ ਹੀ ਸੁਖਾਂ ਦੇ ਦੇਣ ਵਾਲਾ ਤੇ ਦੁੱਖਾਂ ਦਾ ਕੱਟਣ ਵਾਲਾ ਦਿੱਸਦਾ ਹੈ।
57393	1343	ਅਵਰੁ ਨ ਸੂਝਸਿ ਬੀਜੀ ਕਾਰਾ॥	(ਬੀੱਜੀ) ਦੂਜੀ	Avar N Soojhas Beejee Kaaraa ||	I cannot conceive of serving any other.	(ਇਸ ਵਾਸਤੇ ਪ੍ਰਭੂ ਦੇ ਸਿਮਰਨ ਤੋਂ ਬਿਨਾ) ਉਸ ਨੂੰ ਕੋਈ ਹੋਰ ਕਾਰ (ਲਾਭਦਾਇਕ) ਨਹੀਂ ਸੁੱਝਦੀ।
57394	1343	ਤਨੁ ਮਨੁ ਧਨੁ ਹਰਿ ਆਗੈ ਰਾਖਿਆ॥		Than Man Dhhan Har Aagai Raakhiaa ||	I place my body, mind and wealth in offering before Him.	ਉਹ ਮਨੁੱਖ ਆਪਣਾ ਸਰੀਰ ਆਪਣਾ ਮਨ ਤੇ ਆਪਣਾ ਧਨ-ਪਦਾਰਥ ਪਰਮਾਤਮਾ ਦੇ ਅੱਗੇ ਭੇਟ ਰੱਖਦਾ ਹੈ।

57395	1343	ਨਾਨਕੁ ਕਹੈ ਮਹਾ ਰਸੁ ਚਾਖਿਆ॥੮॥੨॥		Naanak Kehai Mehaa Ras Chaakhiaa ||8||2||	Says Nanak, I have tasted the supreme, sublime Essence of the Lord. ||8||2||	ਨਾਨਕ ਆਖਦਾ ਹੈ ਕਿ ਉਹ ਮਨੁੱਖ (ਸਭ ਰਸਾਂ ਤੋਂ) ਸ੍ਰੇਸ਼ਟ ਨਾਮ-ਰਸ (ਸਦਾ) ਚੱਖਦਾ ਹੈ ॥੮॥੨॥
57396	1343	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	
57397	1343	ਨਿਵਲੀ ਕਰਮ ਭੁਅੰਗਮ ਭਾਠੀ ਰੇਚਕ ਪੂਰਕ ਕੁੰਭ ਕਰੈ॥		Nivalee Karam Bhuangam Bhaathee Raechak Poorak Kunbh Karai ||	You may perform exercises of inner purification, and fire up the furnace of the Kundalini, inhaling and exhaling and holding the breath.	(ਅਗਿਆਨੀ ਅੰਨ੍ਹਾ ਮਨੁੱਖ ਪ੍ਰਭੂ ਦਾ ਨਾਮ ਵਿਸਾਰ ਕੇ) ਨਿਵਲੀ ਕਰਮ ਕਰਦਾ ਹੈ, ਕੁੰਡਲਨੀ ਨਾੜੀ ਦੀ ਰਾਹੀਂ ਦਸਮ ਦੁਆਰ ਵਿਚ ਪ੍ਰਾਣ ਚਾੜ੍ਹਦਾ ਹੈ, ਸੁਆਸ ਉਤਾਰਦਾ ਹੈ, ਸੁਆਸ ਚਾੜ੍ਹਦਾ ਹੈ, ਸੁਆਸ (ਸੁਖਮਨਾ ਵਿਚ) ਟਿਕਾਂਦਾ ਹੈ।
57398	1343	ਬਿਨੁ ਸਤਿਗੁਰ ਕਿਛੁ ਸੋਝੀ ਨਾਹੀ ਭਰਮੇ ਭੂਲਾ ਬੂਡਿ ਮਰੈ॥		Bin Sathigur Kishh Sojhee Naahee Bharamae Bhoolaa Boodd Marai ||	Without the True Guru, you will not understand; deluded by doubt, you shall drown and die.	ਪਰ ਇਸ ਭਟਕਣਾ ਵਿਚ ਕੁਰਾਹੇ ਪੈ ਕੇ (ਇਹਨਾਂ ਕਰਮਾਂ ਦੇ ਗੇੜ ਵਿਚ) ਫਸ ਕੇ ਆਤਮਕ ਮੌਤ ਸਹੇੜ ਲੈਂਦਾ ਹੈ। ਸਤਿਗੁਰੂ ਦੀ ਸਰਨ ਪੈਣ ਤੋਂ ਬਿਨਾ ਸਹੀ ਜੀਵਨ ਦੀ ਇਸ ਨੂੰ ਸਮਝ ਨਹੀਂ ਪੈਂਦੀ।

57399	1343	ਅੰਧਾ ਭਰਿਆ ਭਰਿ ਭਰਿ ਧੋਵੈ ਅੰਤਰ ਕੀ ਮਲੁ ਕਦੇ ਨ ਲਹੈ॥		Andhhaa Bhariaa Bhar Bhar Dhhovai Anthar Kee Mal Kadhae N Lehai ||	The spiritually blind are filled with filth and pollution; they may wash, but the filth within shall never depart.	ਅੰਨ੍ਹਾ ਮਨੁੱਖ ਵਿਕਾਰਾਂ ਦੀ ਮੈਲ ਨਾਲ ਭਰਿਆ ਰਹਿੰਦਾ ਹੈ, ਮੁੜ ਮੁੜ ਕੁਰਾਹੇ ਪੈ ਕੇ ਹੋਰ ਵਿਕਾਰਾਂ ਦੀ ਮੈਲ ਨਾਲ ਲਿਬੜਦਾ ਹੈ (ਨਿਵਲੀ ਕਰਮ ਆਦਿ ਦੀ ਰਾਹੀਂ) ਇਹ ਮੈਲ ਧੋਣ ਦਾ ਜਤਨ ਕਰਦਾ ਹੈ, ਪਰ (ਇਸ ਤਰ੍ਹਾਂ) ਮਨ ਦੀ ਮੈਲ ਕਦੇ ਉਤਰਦੀ ਨਹੀਂ।
57400	1343	ਨਾਮ ਬਿਨਾ ਫੋਕਟ ਸਭਿ ਕਰਮਾ ਜਿਉ ਬਾਜੀਗਰੁ ਭਰਮਿ ਭੁਲੈ॥੧॥	ਭੁੱਲੈ	Naam Binaa Fokatt Sabh Karamaa Jio Baajeegar Bharam Bhulai ||1||	Without the Naam, the Name of the Lord, all their actions are useless, like the magician who deceives through illuions. ||1||	(ਇਹ ਰੇਚਕ ਪੂਰਕ ਆਦਿਕ) ਸਾਰੇ ਹੀ ਕਰਮ ਪਰਮਾਤਮਾ ਦੇ ਨਾਮ ਤੋਂ ਬਿਨਾ ਵਿਅਰਥ ਹਨ। ਜਿਵੇਂ ਕਿਸੇ ਮਦਾਰੀ ਨੂੰ ਵੇਖ ਕੇ (ਅੰਞਾਣ ਮਨੁੱਖ) ਭੁਲੇਖੇ ਵਿਚ ਪੈ ਜਾਂਦਾ ਹੈ (ਕਿ ਜੋ ਜੋ ਕੁਝ ਮਦਾਰੀ ਵਿਖਾਂਦਾ ਹੈ ਸਚਮੁਚ ਉਸ ਦੇ ਪਾਸ ਮੌਜੂਦ ਹੈ, ਤਿਵੇਂ ਕਰਮ-ਕਾਂਡੀ ਮਨੁੱਖ ਇਹਨਾਂ ਨਾਟਕਾਂ ਚੇਟਕਾਂ ਵਿਚ ਭੁਲੇਖਾ ਖਾ ਜਾਂਦਾ ਹੈ) ॥੧॥
57401	1343	ਖਟੁ ਕਰਮ ਨਾਮੁ ਨਿਰੰਜਨੁ ਸੋਈ॥		Khatt Karam Naam Niranjan Soee ||	The merits of the six religious rituals are obtained through the Immaculate Naam.	ਹੇ ਪ੍ਰਭੂ! ਸ਼ਾਸਤ੍ਰਾਂ ਦੇ ਦੱਸੇ ਹੋਏ ਛੇ ਧਾਰਮਿਕ ਕੰਮ (ਮੇਰੇ ਵਾਸਤੇ) ਤੇਰਾ ਨਾਮ ਹੀ ਹੈ, ਤੇਰਾ ਨਾਮ ਮਾਇਆ ਦੀ ਕਾਲਖ ਤੋਂ ਰਹਿਤ ਹੈ।

57402	1343	ਤੂ ਗੁਣ ਸਾਗਰੁ ਅਵਗੁਣ ਮੋਹੀ॥੧॥ਰਹਾਉ॥		Thoo Gun Saagar Avagun Mohee ||1|| Rehaao ||	You, O Lord, are the Ocean of virtue; I am so unworthy. ||1||Pause||	ਹੇ ਪ੍ਰਭੂ! ਤੂੰ ਗੁਣਾਂ ਦਾ ਖ਼ਜ਼ਾਨਾ ਹੈਂ, ਪਰ (ਤੇਰੇ ਨਾਮ ਤੋਂ ਖੁੰਝ ਕੇ ਤੇ ਹੋਰ ਹੋਰ ਕਰਮ-ਕਾਂਡ ਵਿਚ ਪੈ ਕੇ) ਮੇਰੇ ਅੰਦਰ ਔਗੁਣ ਪੈਦਾ ਹੋ ਜਾਂਦੇ ਹਨ ॥੧॥ ਰਹਾਉ ॥
57403	1343	ਮਾਇਆ ਧੰਧਾ ਧਾਵਣੀ ਦੁਰਮਤਿ ਕਾਰ ਬਿਕਾਰ॥		Maaeiaa Dhhandhhaa Dhhaavanee Dhuramath Kaar Bikaar ||	Running around chasing the entanglements of Maya is an evil-minded act of corruption.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੇ ਮਨ ਦੀ ਦੌੜ-ਭੱਜ ਤਾਂ ਮਾਇਆ ਦੇ ਧੰਧਿਆਂ ਵਿਚ ਹੀ ਰਹਿੰਦੀ ਹੈ, ਭੈੜੀ ਮੱਤੇ ਲੱਗ ਕੇ (ਨਿਵਲੀ ਕਰਮ, ਰੇਚਕ ਪੂਰਕ ਆਦਿਕ) ਵਿਅਰਥ ਕੰਮ ਕਰਦਾ ਰਹਿੰਦਾ ਹੈ।
57404	1343	ਮੂਰਖੁ ਆਪੁ ਗਣਾਇਦਾ ਬੂਝਿ ਨ ਸਕੈ ਕਾਰ॥		Moorakh Aap Ganaaeidhaa Boojh N Sakai Kaar ||	The fool makes a show of his self-conceit; he does not know how to behave.	ਮੂਰਖ ਸਹੀ ਰਸਤੇ ਦੀ ਕਾਰ ਤਾਂ ਸਮਝਦਾ ਨਹੀਂ, (ਇਹਨਾਂ ਨਿਵਲੀ ਕਰਮ ਆਦਿਕਾਂ ਦੇ ਕਾਰਨ) ਆਪਣੇ ਆਪ ਨੂੰ ਵੱਡਾ ਜ਼ਾਹਰ ਕਰਨ ਦਾ ਜਤਨ ਕਰਦਾ ਹੈ।
57405	1343	ਮਨਸਾ ਮਾਇਆ ਮੋਹਣੀ ਮਨਮੁਖ ਬੋਲ ਖੁਆਰ॥		Manasaa Maaeiaa Mohanee Manamukh Bol Khuaar ||	The self-willed manmukh is enticed by his desires for Maya; his words are useless and empty.	ਉਸ ਮਨਮੁਖ ਦੀਆਂ ਖ਼ਾਹਸ਼ਾਂ ਮੋਹਣੀ ਮਾਇਆ ਵਿਚ ਹੀ ਰਹਿੰਦੀਆਂ ਹਨ (ਉਤੋਂ ਉਤੋਂ ਧਰਮ ਦੇ) ਬੋਲਾਂ ਦੀ ਰਾਹੀਂ (ਸਗੋਂ) ਖ਼ੁਆਰ ਹੁੰਦਾ ਹੈ।

57406	1343	ਮਜਨੁ ਝੂਠਾ ਚੰਡਾਲ ਕਾ ਫੋਕਟ ਚਾਰ ਸੀਂਗਾਰ॥੨॥	ਮੱਜਨੁ	Majan Jhoothaa Chanddaal Kaa Fokatt Chaar Seenagaar ||2||	The ritual cleansings of the sinner are fradulent; his rituals and decorations are useless and empty. ||2||	(ਅੰਤਰ ਆਤਮੇ ਉਸ ਦਾ ਜੀਵਨ ਚੰਡਾਲ ਵਰਗਾ ਹੈ) ਉਸ ਚੰਡਾਲ ਦਾ ਤੀਰਥ-ਇਸ਼ਨਾਨ ਭੀ ਨਿਰੀ ਠੱਗੀ ਹੁੰਦੀ ਹੈ, (ਨਿਵਲੀ ਕਰਮ ਆਦਿਕ ਵਾਲੇ ਉਸ ਦੇ ਸਾਰੇ) ਸੁੰਦਰ ਸਿੰਗਾਰ ਵਿਅਰਥ ਜਾਂਦੇ ਹਨ। ਉਸ ਦਾ ਇਹ ਸਾਰਾ ਉੱਦਮ ਇਉਂ ਹੈ ਜਿਵੇਂ ਕਿਸੇ ਬ੍ਰਾਹਮਣ ਦੇ ਵਾਸਤੇ ਕਿਸੇ ਚੰਡਾਲ ਦਾ ਤੀਰਥ-ਇਸ਼ਨਾਨ ਨਿਰੀ ਠੱਗੀ ਹੈ ਤੇ ਉਸ ਦਾ ਸੁੰਦਰ ਸਿੰਗਾਰ ਭੀ ਫੋਕਾ ਹੈ ॥੨॥
57407	1343	ਝੂਠੀ ਮਨ ਕੀ ਮਤਿ ਹੈ ਕਰਣੀ ਬਾਦਿ ਬਿਬਾਦੁ॥		Jhoothee Man Kee Math Hai Karanee Baadh Bibaadh ||	False is the wisdom of the mind; its actions inspire useless disputes.	ਮਨਮੁਖ ਦੇ ਮਨ ਦੀ ਮੱਤ ਝੂਠ ਵਾਲੇ ਪਾਸੇ ਲੈ ਜਾਂਦੀ ਹੈ, ਉਸ ਦਾ ਕਰਤੱਬ ਭੀ ਨਿਰਾ ਝਗੜੇ ਦਾ ਮੂਲ ਹੈ ਤੇ ਵਿਅਰਥ ਜਾਂਦਾ ਹੈ।
57408	1343	ਝੂਠੇ ਵਿਚਿ ਅਹੰਕਰਣੁ ਹੈ ਖਸਮ ਨ ਪਾਵੈ ਸਾਦੁ॥		Jhoothae Vich Ahankaran Hai Khasam N Paavai Saadh ||	The false are filled with egotism; they do not obtain the sublime taste of their Lord and Master.	ਉਸ ਝੂਠ ਵਿਹਾਝਣ ਵਾਲੇ ਦੇ ਅੰਦਰ ਹਉਮੈ ਅਹੰਕਾਰ ਟਿਕਿਆ ਰਹਿੰਦਾ ਹੈ ਉਸ ਨੂੰ ਖਸਮ-ਪ੍ਰਭੂ ਦੇ ਮਿਲਾਪ ਦਾ ਆਨੰਦ ਨਹੀਂ ਆ ਸਕਦਾ।

57409	1343	ਬਿਨੁ ਨਾਵੈ ਹੋਰੁ ਕਮਾਵਣਾ ਫਿਕਾ ਆਵੈ ਸਾਦੁ॥		Bin Naavai Hor Kamaavanaa Fikaa Aavai Saadh ||	Without the Name, whatever else they do is tasteless and insipid.	ਪਰਮਾਤਮਾ ਦੇ ਨਾਮ ਨੂੰ ਛੱਡ ਕੇ (ਨਿਵਲੀ ਕਰਮ ਆਦਿਕ) ਜੋ ਕਰਮ ਭੀ ਕਰੀਦੇ ਹਨ ਉਹਨਾਂ ਦਾ ਸੁਆਦ ਫਿੱਕਾ ਹੁੰਦਾ ਹੈ (ਉਹ ਜੀਵਨ ਨੂੰ ਫਿੱਕਾ ਹੀ ਬਣਾਂਦੇ ਹਨ)।
57410	1343	ਦੁਸਟੀ ਸਭਾ ਵਿਗੁਚੀਐ ਬਿਖੁ ਵਾਤੀ ਜੀਵਣ ਬਾਦਿ॥੩॥	ਸਭਾ: ਪੋਲਾ ਬੋਲੋ। ਵਿਗੁੱਚੀਐ	Dhusattee Sabhaa Vigucheeai Bikh Vaathee Jeevan Baadh ||3||	Associating with their enemies, they are plundered and ruined. Their speech is poison, and their lives are useless. ||3||	ਅਜੇਹੀ ਭੈੜੀ ਸੰਗਤ ਵਿਚ (ਬੈਠਿਆਂ) ਖ਼ੁਆਰ ਹੋਈਦਾ ਹੈ ਕਿਉਂਕਿ ਅਜੇਹੇ ਬੰਦਿਆਂ ਦੇ ਮੂੰਹ ਵਿਚ (ਫਿੱਕੇ ਬੋਲ-ਰੂਪ) ਜ਼ਹਿਰ ਹੁੰਦਾ ਹੈ ਤੇ ਉਹਨਾਂ ਦਾ ਜੀਵਨ ਵਿਅਰਥ ਜਾਂਦਾ ਹੈ ॥੩॥
57411	1343	ਏ ਭ੍ਰਮਿ ਭੂਲੇ ਮਰਹੁ ਨ ਕੋਈ॥		Eae Bhram Bhoolae Marahu N Koee ||	Do not be deluded by doubt; do not invite your own death.	(ਨਿਉਲੀ ਕਰਮ ਆਦਿਕ ਦੀ) ਭਟਕਣਾ ਵਿਚ ਭੁੱਲੇ ਹੋਏ ਹੇ ਬੰਦਿਓ! (ਇਸ ਰਾਹੇ ਪੈ ਕੇ) ਆਤਮਕ ਮੌਤ ਨਾਹ ਸਹੇੜੋ।
57412	1343	ਸਤਿਗੁਰੁ ਸੇਵਿ ਸਦਾ ਸੁਖੁ ਹੋਈ॥		Sathigur Saev Sadhaa Sukh Hoee ||	Serve the True Guru, and you shall be at peace forever.	ਸਤਿਗੁਰੂ ਦੀ ਸਰਨ ਪਿਆਂ ਹੀ ਸਦਾ ਦਾ ਆਤਮਕ ਆਨੰਦ ਮਿਲਦਾ ਹੈ।
57413	1343	ਬਿਨੁ ਸਤਿਗੁਰ ਮੁਕਤਿ ਕਿਨੈ ਨ ਪਾਈ॥		Bin Sathigur Mukath Kinai N Paaee ||	Without the True Guru, no one is liberated.	ਗੁਰੂ ਦੀ ਸਰਨ ਤੋਂ ਬਿਨਾ ਕਦੇ ਕਿਸੇ ਨੂੰ (ਮਾਇਆ ਦੇ ਮੋਹ ਤੋਂ) ਖ਼ਲਾਸੀ ਨਹੀਂ ਮਿਲਦੀ।

57414	1343	ਆਵਹਿ ਜਾਂਹਿ ਮਰਹਿ ਮਰਿ ਜਾਈ॥੪॥		Aavehi Jaanhi Marehi Mar Jaaee ||4||	They come and go in reincarnation; they die, only to be reborn and die again. ||4||	ਉਹ ਸਦਾ ਜੰਮਦੇ ਹਨ ਤੇ ਆਤਮਕ ਮੌਤ ਸਹੇੜਦੇ ਹਨ। (ਜੇਹੜਾ ਭੀ ਮਨੁੱਖ ਗੁਰੂ ਦੀ ਸਰਨ ਤੋਂ ਤੇ ਸਿਮਰਨ ਤੋਂ ਵਾਂਜਿਆ ਰਹਿੰਦਾ ਹੈ) ਉਹ ਆਤਮਕ ਮੌਤ ਸਹੇੜਦਾ ਹੈ ॥੪॥
57415	1343	ਏਹੁ ਸਰੀਰੁ ਹੈ ਤ੍ਰੈ ਗੁਣ ਧਾਤੁ॥		Eaehu Sareer Hai Thrai Gun Dhhaath ||	This body wanders, caught in the three dispositions.	ਇਹ ਸਰੀਰ ਹੈ ਹੀ ਤ੍ਰੈ-ਗੁਣੀ ਮਾਇਆ ਦਾ ਸਰੂਪ (ਭਾਵ, ਇੰਦ੍ਰੇ ਸੁਤੇ ਹੀ ਮਾਇਆ ਦੇ ਮੋਹ ਵਿਚ ਫਸ ਜਾਂਦੇ ਹਨ, ਜਿਸ ਦਾ ਸਿੱਟਾ ਇਹ ਨਿਕਲਦਾ ਹੈ ਕਿ)
57416	1343	ਇਸ ਨੋ ਵਿਆਪੈ ਸੋਗ ਸੰਤਾਪੁ॥		Eis No Viaapai Sog Santhaap ||	It is afflicted by sorrow and suffering.	ਇਸ (ਸਰੀਰ) ਨੂੰ ਚਿੰਤਾ-ਫ਼ਿਕਰ ਤੇ ਦੁੱਖ-ਕਲੇਸ਼ ਦਬਾਈ ਰੱਖਦਾ ਹੈ।
57417	1343	ਸੋ ਸੇਵਹੁ ਜਿਸੁ ਮਾਈ ਨ ਬਾਪੁ॥		So Saevahu Jis Maaee N Baap ||	So serve the One who has no mother or father.	ਉਸ ਪਰਮਾਤਮਾ ਦਾ ਸਿਮਰਨ ਕਰੋ, ਜਿਸ ਦਾ ਨਾਹ ਕੋਈ ਪਿਉ ਹੈ ਨਾਹ ਕੋਈ ਮਾਂ ਹੈ,
57418	1343	ਵਿਚਹੁ ਚੂਕੈ ਤਿਸਨਾ ਅਰੁ ਆਪੁ॥੫॥		Vichahu Chookai Thisanaa Ar Aap ||5||	Desire and selfishness shall depart from within. ||5||	(ਸਿਮਰਨ ਦੀ ਬਰਕਤਿ ਨਾਲ) ਅੰਦਰੋਂ ਮਾਇਆ ਦੀ ਤ੍ਰਿਸ਼ਨਾ ਹਉਮੈ ਅਹੰਕਾਰ ਮੁੱਕ ਜਾਂਦਾ ਹੈ ॥੫॥

57419	1343	ਜਹ ਜਹ ਦੇਖਾ ਤਹ ਤਹ ਸੋਈ॥		Jeh Jeh Dhaekhaa Theh Theh Soee ||	Wherever I look, I see Him.	(ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਜਪਿਆਂ ਹੁਣ) ਮੈਂ ਜਿਧਰ ਜਿਧਰ ਨਿਗਾਹ ਮਾਰਦਾ ਹਾਂ ਮੈਨੂੰ ਉਹੀ ਪਰਮਾਤਮਾ ਵੱਸਦਾ ਦਿੱਸਦਾ ਹੈ (ਤੇ ਮੈਨੂੰ ਮਾਇਆ ਕੁਰਾਹੇ ਨਹੀਂ ਪਾਂਦੀ)।
57420	1343	ਬਿਨੁ ਸਤਿਗੁਰ ਭੇਟੇ ਮੁਕਤਿ ਨ ਹੋਈ॥		Bin Sathigur Bhaettae Mukath N Hoee ||	Without meeting the True Guru, no one is liberated.	ਪਰ ਗੁਰੂ ਦੀ ਸਰਨ ਤੋਂ ਬਿਨਾ ਮਾਇਆ ਦੇ ਬੰਧਨਾਂ ਤੋਂ ਆਜ਼ਾਦੀ ਨਹੀਂ ਮਿਲ ਸਕਦੀ।
57421	1343	ਹਿਰਦੈ ਸਚੁ ਏਹ ਕਰਣੀ ਸਾਰੁ॥		Hiradhai Sach Eaeh Karanee Saar ||	Enshrine the True One in your heart; this is the most excellent action.	ਸਦਾ-ਥਿਰ ਪਰਮਾਤਮਾ ਦਾ ਨਾਮ ਹਿਰਦੇ ਵਿਚ ਵਸਾਣਾ- ਇਹ ਕਰਤੱਬ ਸਭ ਤੋਂ ਸ੍ਰੇਸ਼ਟ ਹੈ।
57422	1343	ਹੋਰੁ ਸਭੁ ਪਾਖੰਡੁ ਪੂਜ ਖੁਆਰੁ॥੬॥		Hor Sabh Paakhandd Pooj Khuaar ||6||	All other hypocritical actions and devotions bring only ruin. ||6||	(ਇਹ ਛੱਡ ਕੇ ਨਿਵਲੀ ਆਦਿਕ ਕਰਮ ਕਰਨਾ) ਇਹ ਸਭ ਕੁਝ ਪਖੰਡ ਹੈ (ਇਹਨਾਂ ਕਰਮਾਂ ਦੀ ਰਾਹੀਂ ਲੋਕਾਂ ਪਾਸੋਂ ਕਰਾਈ) ਪੂਜਾ-ਸੇਵਾ (ਆਖ਼ਰ) ਖ਼ੁਆਰ ਕਰਦੀ ਹੈ ॥੬॥
57423	1343	ਦੁਬਿਧਾ ਚੂਕੈ ਤਾਂ ਸਬਦੁ ਪਛਾਣੁ॥		Dhubidhhaa Chookai Thaan Sabadh Pashhaan ||	When one is rid of duality, then he realizes the Word of the Shabad.	ਗੁਰੂ ਦੇ ਸ਼ਬਦ ਨਾਲ ਸਾਂਝ ਬਣਾਓ, ਤਦੋਂ ਹੀ ਹੋਰ ਹੋਰ ਆਸਰੇ ਦੀ ਝਾਕ ਮੁੱਕੇਗੀ।
57424	1343	ਘਰਿ ਬਾਹਰਿ ਏਕੋ ਕਰਿ ਜਾਣੁ॥		Ghar Baahar Eaeko Kar Jaan ||	Inside and out, he knows the One Lord.	ਆਪਣੇ ਅੰਦਰ ਤੇ ਬਾਹਰ ਸਾਰੇ ਸੰਸਾਰ ਵਿਚ ਸਿਰਫ਼ ਇਕ ਪਰਮਾਤਮਾ ਨੂੰ ਵੱਸਦਾ ਸਮਝੋ।

57425	1343	ਏਹਾ ਮਤਿ ਸਬਦੁ ਹੈ ਸਾਰੁ॥		Eaehaa Math Sabadh Hai Saar ||	This is the most Excellent Wisdom of the Shabad.	ਇਹੀ ਚੰਗੀ ਅਕਲ ਹੈ। ਗੁਰੂ ਦਾ ਸ਼ਬਦ (ਹਿਰਦੇ ਵਿਚ ਵਸਾਣਾ ਹੀ) ਸ੍ਰੇਸ਼ਟ (ਉੱਦਮ) ਹੈ।
57426	1343	ਵਿਚਿ ਦੁਬਿਧਾ ਮਾਥੈ ਪਵੈ ਛਾਰੁ॥੭॥		Vich Dhubidhhaa Maathhai Pavai Shhaar ||7||	Ashes fall on the heads of those who are in duality. ||7||	ਜੇਹੜਾ ਮਨੁੱਖ ਗੁਰੂ ਦਾ ਸ਼ਬਦ ਵਿਸਾਰ ਕੇ ਪ੍ਰਭੂ ਦਾ ਨਾਮ ਭੁਲਾ ਕੇ ਹੋਰ ਆਸਰੇ ਦੀ ਝਾਕ ਵਿਚ ਪੈਂਦਾ ਹੈ, ਉਸ ਦੇ ਸਿਰ ਸੁਆਹ ਪੈਂਦੀ ਹੈ (ਉਹ ਖ਼ੁਆਰ ਹੁੰਦਾ ਹੈ) ॥੭॥
57427	1343	ਕਰਣੀ ਕੀਰਤਿ ਗੁਰਮਤਿ ਸਾਰੁ॥		Karanee Keerath Guramath Saar ||	To praise the Lord through the Guru's Teachings is the most excellent action.	ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਸ੍ਰੇਸ਼ਟ ਕਰਨੀ ਹੈ, ਗੁਰੂ ਦੀ ਸਿੱਖਿਆ ਤੇ ਤੁਰਨਾ ਸ੍ਰੇਸ਼ਟ ਉੱਦਮ ਹੈ।
57428	1343	ਸੰਤ ਸਭਾ ਗੁਣ ਗਿਆਨੁ ਬੀਚਾਰੁ॥	ਸਭਾ: ਪੋਲਾ ਬੋਲੋ	Santh Sabhaa Gun Giaan Beechaar ||	In the Society of the Saints, contemplate the Glories of God and His spiritual wisdom.	ਸਾਧ ਸੰਗਤ ਵਿਚ ਜਾ ਕੇ ਪਰਮਾਤਮਾ ਦੇ ਗੁਣਾਂ ਨਾਲ ਸਾਂਝ ਪਾਈ ਸਿੱਖ।
57429	1343	ਮਨੁ ਮਾਰੇ ਜੀਵਤ ਮਰਿ ਜਾਣੁ॥		Man Maarae Jeevath Mar Jaan ||	Whoever subdues his mind, knows the state of being dead while yet alive.	ਇਹ ਗੱਲ ਪੱਕ ਸਮਝ ਕਿ ਜੇਹੜਾ ਮਨੁੱਖ ਆਪਣੇ ਮਨ ਨੂੰ ਮਾਰਦਾ ਹੈ ਉਹ ਦੁਨੀਆ ਦੇ ਕਾਰ-ਵਿਹਾਰ ਕਰਦਾ ਹੋਇਆ ਹੀ (ਵਿਕਾਰਾਂ ਦੀ ਚੋਟ ਤੋਂ ਬਚਿਆ ਰਹਿੰਦਾ ਹੈ) ਮਾਇਆ ਦੇ ਮੋਹ ਵਲੋਂ ਮਰਿਆ ਰਹਿੰਦਾ ਹੈ।

57430	1343	ਨਾਨਕ ਨਦਰੀ ਨਦਰਿ ਪਛਾਣੂ॥੮॥੩॥		Naanak Nadharee Nadhar Pashhaan ||8||3||	O Nanak, by His Grace, the Gracious Lord is realized. ||8||3||	ਹੇ ਨਾਨਕ! ਉਹ ਮਨੁੱਖ ਮੇਹਰ ਦੀ ਨਿਗਾਹ ਕਰਨ ਵਾਲੇ ਪਰਮਾਤਮਾ ਦੀ ਨਜ਼ਰ ਵਿਚ ਪਛਾਣੂ ਹੋ ਜਾਂਦਾ ਹੈ (ਜਚ ਜਾਂਦਾ ਹੈ) ॥੮॥੩॥
57431	1344	ਪ੍ਰਭਾਤੀ ਮਹਲਾ ੧ ਦਖਣੀ॥		Prabhaathee Mehalaa 1 Dhakhanee ||	Prabhaatee, First Mehl, Dakhnee:	
57432	1344	ਗੋਤਮੁ ਤਪਾ ਅਹਿਲਿਆ ਇਸਤ੍ਰੀ ਤਿਸੁ ਦੇਖਿ ਇੰਦ੍ਰੁ ਲੁਭਾਇਆ॥	ਪ੍ਰਭਾਤੀ। ਦੱਖਣੀ। ਅ-ਹਿਲਿਆ	Gotham Thapaa Ahiliaa Eisathree This Dhaekh Eindhra Lubhaaeiaa ||	Ahalyaa was the wife of Gautam the seer. Seeing her, Indra was enticed.	ਗੋਤਮ (ਇਕ ਪ੍ਰਸਿੱਧ) ਤਪੀ (ਸੀ), ਅਹਿੱਲਿਆ (ਉਸ ਦੀ) ਇਸਤ੍ਰੀ (ਸੀ), ਉਸ ਦਾ ਰੂਪ ਵੇਖ ਕੇ (ਦੇਵਤਿਆਂ ਦਾ ਰਾਜਾ ਅਖਵਾਂਦਾ) ਇੰਦ੍ਰ ਮਸਤ ਹੋ ਗਿਆ।
57433	1344	ਸਹਸ ਸਰੀਰ ਚਿਹਨ ਭਗ ਹੂਏ ਤਾ ਮਨਿ ਪਛੋਤਾਇਆ॥੧॥	ਚਿਹਨ ਭਗ: ਪੋਲੇ ਬੋਲੋ	Sehas Sareer Chihan Bhag Hooeae Thaa Man Pashhothaaeiaa ||1||	When he received a thousand marks of disgrace on his body, then he felt regret in his mind. ||1||	(ਗੋਤਮ ਦੇ ਸਰਾਪ ਨਾਲ) (ਉਸ ਦੇ ਇੰਦਰ ਦੇ) ਸਰੀਰ ਉਤੇ ਹਜ਼ਾਰ ਭਗਾਂ ਦੇ ਨਿਸ਼ਾਨ ਬਣ ਗਏ, ਤਦੋਂ ਇੰਦ੍ਰ ਆਪਣੇ ਮਨ ਵਿਚ (ਉਸ ਕੁਕਰਮ ਤੇ) ਪਛੁਤਾਇਆ ॥੧॥
57434	1344	ਕੋਈ ਜਾਣਿ ਨ ਭੂਲੈ ਭਾਈ॥		Koee Jaan N Bhoolai Bhaaee ||	O Siblings of Destiny, no one knowingly makes mistakes.	ਕੋਈ ਭੀ ਜੀਵ ਜਾਣ ਬੁੱਝ ਕੇ ਕੁਰਾਹੇ ਨਹੀਂ ਪੈਂਦਾ (ਜੀਵ ਦੇ ਵੱਸ ਦੀ ਗੱਲ ਨਹੀਂ)।

57435	1344	ਸੋ ਭੂਲੈ ਜਿਸੁ ਆਪਿ ਭੁਲਾਏ ਬੂਝੈ ਜਿਸੈ ਬੁਝਾਈ॥੧॥ਰਹਾਉ॥		So Bhoolai Jis Aap Bhulaaeae Boojhai Jisai Bujhaaee ||1|| Rehaao ||	He alone is mistaken, whom the Lord Himself makes so. He alone understands, whom the Lord causes to understand. ||1||Pause||	ਉਹੀ ਮਨੁੱਖ ਕੁਰਾਹੇ ਪੈਂਦਾ ਹੈ ਜਿਸ ਨੂੰ ਪਰਮਾਤਮਾ ਆਪ ਕੁਰਾਹੇ ਪਾਂਦਾ ਹੈ। ਉਹੀ ਮਨੁੱਖ (ਸਹੀ ਜੀਵਨ-ਰਾਹ) ਸਮਝਦਾ ਹੈ, ਜਿਸ ਨੂੰ ਪਰਮਾਤਮਾ ਆਪ ਸਮਝ ਬਖ਼ਸ਼ਦਾ ਹੈ ॥੧॥ ਰਹਾਉ ॥
57436	1344	ਤਿਨਿ ਹਰੀਚੰਦਿ ਪ੍ਰਿਥਮੀ ਪਤਿ ਰਾਜੈ ਕਾਗਦਿ ਕੀਮ ਨ ਪਾਈ॥	ਪਤਿ ਰਾਜੈ: ਪੋਲੇ ਬੋਲੋ	Thin Haree Chandh Prithhamee Path Raajai Kaagadh Keem N Paaee ||	Harichand, the king and ruler of his land, did not appreciate the value of his pre-ordained destiny.	ਧਰਤੀ ਦੇ ਰਾਜੇ ਉਸ ਰਾਜਾ ਹਰੀ ਚੰਦ ਨੇ (ਇਤਨੇ ਦਾਨ-ਪੁੰਨ ਕੀਤੇ ਕਿ ਉਹਨਾਂ ਦਾ) ਮੁੱਲ ਕਾਗਜ਼ ਉਤੇ ਨਹੀਂ ਪੈ ਸਕਦਾ।
57437	1344	ਅਉਗਣੁ ਜਾਣੈ ਤ ਪੁੰਨ ਕਰੇ ਕਿਉ ਕਿਉ ਨੇਖਾਸਿ ਬਿਕਾਈ॥੨॥	ਕਾਂਸ਼ੀ ਚ ਆਦਮੀ (ਬਿਕਾਈ) ਵੇਚਣ ਵਾਲੀ (ਨੇਖਾਸਿ) ਮੰਡੀ। ਕਿਉਂ ਕਿਉਂ	Aougan Jaanai Th Punn Karae Kio Kio Naekhaas Bikaaee ||2||	If he had known that it was a mistake, he would not have made such a show of giving in charity, and he would not have been sold in the market. ||2||	ਜੇ (ਰਾਜਾ ਹਰੀ ਚੰਦ ਉਹਨਾਂ ਦਾਨ-ਪੁੰਨਾਂ ਨੂੰ) ਮਾੜਾ ਕੰਮ ਸਮਝਦਾ ਤਾਂ ਦਾਨ ਪੁੰਨ ਕਰਦਾ ਹੀ ਕਿਉਂ? (ਨਾਹ ਉਹ ਦਾਨ-ਪੁੰਨ ਕਰਦਾ) ਤੇ ਨਾਹ ਹੀ ਮੰਡੀ ਵਿਚ ਵਿਕਦਾ ॥੨॥
57438	1344	ਕਰਉ ਅਢਾਈ ਧਰਤੀ ਮਾਂਗੀ ਬਾਵਨ ਰੂਪਿ ਬਹਾਨੈ॥		Karo Adtaaee Dhharathee Maangee Baavan Roop Behaanai ||	The Lord took the form of a dwarf, and asked for some land.	(ਵਿਸ਼ਨੂੰ ਨੇ) ਵਉਣੇ ਰੂਪ ਵਿਚ (ਆ ਕੇ) ਬਹਾਨੇ ਨਾਲ ਰਾਜਾ ਬਲਿ ਪਾਸੋਂ ਢਾਈ ਕਰਮ ਧਰਤੀ (ਦਾ ਦਾਨ ਆਪਣੀ ਕੁਟੀਆ ਬਣਾਣ ਲਈ) ਮੰਗਿਆ।

57439	1344	ਕਿਉ ਪਇਆਲਿ ਜਾਇ ਕਿਉ ਛਲੀਐ ਜੇ ਬਲਿ ਰੂਪੁ ਪਛਾਨੈ॥੩॥		Kio Paeiaal Jaae Kio Shhaleeai Jae Bal Roop Pashhaanai ||3||	If Bal the king has recognized Him, he would not have been deceived, and sent to the underworld. ||3||	ਜੇ ਬਲਿ ਰਾਜਾ ਵਉਣੇ ਰੂਪ ਨੂੰ ਪਛਾਣ ਲੈਂਦਾ, ਤਾਂ ਨਾਹ ਹੀ ਠੱਗਿਆ ਜਾਂਦਾ ਤੇ ਨਾਹ ਹੀ ਪਾਤਾਲ ਵਿਚ ਜਾਂਦਾ ॥੩॥
57440	1344	ਰਾਜਾ ਜਨਮੇਜਾ ਦੇ ਮਤੀਂ ਬਰਜਿ ਬਿਆਸਿ ਪੜ੍ਹਾਇਆ॥		Raajaa Janamaejaa Dhae Mathanaee Baraj Biaas Parrhaaeiaa ||	Vyaas taught and warned the king Janmayjaa not to do three things.	ਬਿਆਸ ਰਿਸ਼ੀ ਨੇ ਮੱਤਾਂ ਦੇ ਕੇ ਰਾਜਾ ਜਨਮੇਜੈ ਨੂੰ ਸਮਝਾਇਆ ਤੇ ਵਰਜਿਆ (ਕਿ ਉਸ ਅਪੱਛਰਾਂ ਨੂੰ ਆਪਣੇ ਘਰ ਵਿਚ ਨਾਹ ਲਿਆਈਂ। ਪਰ ਪਰਮਾਤਮਾ ਨੇ ਉਸ ਦੀ ਮੱਤ ਮਾਰੀ ਹੋਈ ਸੀ। ਉਹ ਰਿਸ਼ੀ ਦੇ ਆਖੇ ਨਾਹ ਲੱਗਾ। ਅਪੱਛਰਾਂ ਨੂੰ ਲੈ ਕੇ ਆਇਆ। ਫਿਰ)
57441	1344	ਤਿਨ੍ਹਿ ਕਰਿ ਜਗ ਅਠਾਰਹ ਘਾਏ ਕਿਰਤੁ ਨ ਚਲੈ ਚਲਾਇਆ॥੪॥		Thinih Kar Jag Athaareh Ghaaeae Kirath N Chalai Chalaaeiaa ||4||	But he performed the sacred feast and killed eighteen Brahmins; the record of one's past deeds cannot be erased. ||4||	ਉਸ ਨੇ ਅਠਾਰਾਂ ਜੱਗ ਕਰ ਕੇ ਅਠਾਰਾਂ ਬ੍ਰਾਹਮਣ ਮਾਰ ਦਿੱਤੇ (ਕਿਉਂਕਿ ਉਹ ਅੱਤ ਬਰੀਕ ਕਪੜਿਆਂ ਵਿਚ ਆਈ ਅੱਧ-ਨਗਨ ਅਪੱਛਰਾ ਵੇਖ ਕੇ ਹੱਸ ਪਏ ਸਨ)। ਕੀਤੇ ਕਰਮਾਂ ਦੇ ਫਲ ਨੂੰ ਕੋਈ ਮਿਟਾ ਨਹੀਂ ਸਕਦਾ ॥੪॥

57442	1344	ਗਣਤ ਨ ਗਣੀ ਹੁਕਮੁ ਪਛਾਣਾ ਬੋਲੀ ਭਾਇ ਸੁਭਾਈ॥		Ganath N Gananaee Hukam Pashhaanaa Bolee Bhaae Subhaaee ||	I do not try to calculate the account; I accept the Hukam of God's Command. I speak with intuitive love and respect.	ਹੇ ਪ੍ਰਭੂ! ਮੈਂ ਹੋਰ ਕੋਈ ਸੋਚਾਂ ਨਹੀਂ ਸੋਚਦਾ, ਮੈਂ ਤਾਂ ਤੇਰੀ ਰਜ਼ਾ ਨੂੰ ਸਮਝਣ ਦਾ ਜਤਨ ਕਰਦਾ ਹਾਂ, ਤੇ ਤੇਰੇ ਪ੍ਰੇਮ ਵਿਚ (ਮਗਨ ਹੋ ਕੇ) ਤੇਰੇ ਗੁਣ ਉਚਾਰਦਾ ਹਾਂ।
57443	1344	ਜੋ ਕਿਛੁ ਵਰਤੈ ਤੁਧੈ ਸਲਾਹੀ ਸਭ ਤੇਰੀ ਵਡਿਆਈ॥੫॥		Jo Kishh Varathai Thudhhai Salaahanaee Sabh Thaeree Vaddiaaee ||5||	No matter what happens, I will praise the Lord. It is all Your Glorious Greatness, O Lord. ||5||	ਮੈਂ ਤਾਂ ਤੇਰੀ ਹੀ ਸਿਫ਼ਤ-ਸਾਲਾਹ ਕਰਦਾ ਹਾਂ। ਜੋ ਕੁਝ ਜਗਤ ਵਿਚ ਹੋ ਰਿਹਾ ਹੈ ਤੇਰੀ ਤਾਕਤ ਦਾ ਜ਼ਹੂਰ ਹੋ ਰਿਹਾ ਹੈ ॥੫॥
57444	1344	ਗੁਰਮੁਖਿ ਅਲਿਪਤੁ ਲੇਪੁ ਕਦੇ ਨ ਲਾਗੈ ਸਦਾ ਰਹੈ ਸਰਣਾਈ॥	ਅ-ਲਿਪਤੁ	Guramukh Alipath Laep Kadhae N Laagai Sadhaa Rehai Saranaaee ||	The Gurmukh remains detached; filth never attaches itself to him. He remains forever in God's Sanctuary.	ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ ਜਗਤ ਵਿਚ ਨਿਰਲੇਪ ਰਹਿੰਦਾ ਹੈ, ਉਸ ਉਤੇ ਮਾਇਆ ਦਾ ਪ੍ਰਭਾਵ ਨਹੀਂ ਪੈਂਦਾ, ਉਹ ਸਦਾ ਪਰਮਾਤਮਾ ਦੀ ਓਟ ਫੜਦਾ ਹੈ।
57445	1344	ਮਨਮੁਖੁ ਮੁਗਧੁ ਆਗੈ ਚੇਤੈ ਨਾਹੀ ਦੁਖਿ ਲਾਗੈ ਪਛੁਤਾਈ॥੬॥		Manamukh Mugadhh Aagai Chaethai Naahee Dhukh Laagai Pashhuthaaee ||6||	The foolish self-willed manmukh does not think of the future; he is overtaken by pain, and then he regrets. ||6||	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮੂਰਖ ਮਨੁੱਖ (ਜ਼ਿੰਦਗੀ ਵਿਚ) ਵੇਲੇ ਸਿਰ ਪਰਮਾਤਮਾ ਨੂੰ ਯਾਦ ਨਹੀਂ ਕਰਦਾ, ਜਦੋਂ (ਆਪਣੀ ਇਸ ਮੂਰਖਤਾ ਦੇ ਕਾਰਨ) ਦੁੱਖ ਵਿਚ ਫਸਦਾ ਹੈ ਤਾਂ ਹੱਥ ਮਲਦਾ ਹੈ ॥੬॥

57446	1344	ਆਪੇ ਕਰੇ ਕਰਾਏ ਕਰਤਾ ਜਿਨਿ ਏਹ ਰਚਨਾ ਰਚੀਐ॥		Aapae Karae Karaaeae Karathaa Jin Eaeh Rachanaa Racheeai ||	The Creator who created this creation acts, and causes all to act.	ਜਿਸ ਪਰਮਾਤਮਾ ਨੇ ਇਹ ਜਗਤ-ਰਚਨਾ ਰਚੀ ਹੈ ਉਹ ਆਪ ਹੀ ਸਭ ਕੁਝ ਕਰਦਾ ਹੈ ਉਹ ਆਪ ਹੀ ਜੀਵਾਂ ਪਾਸੋਂ ਸਭ ਕੁਝ ਕਰਾਂਦਾ ਹੈ।
57447	1344	ਹਰਿ ਅਭਿਮਾਨੁ ਨ ਜਾਈ ਜੀਅਹੁ ਅਭਿਮਾਨੇ ਪੈ ਪਚੀਐ॥੭॥		Har Abhimaan N Jaaee Jeeahu Abhimaanae Pai Pacheeai ||7||	O Lord, egotistical pride does not depart from the soul. Falling into egotistical pride, one is ruined. ||7||	ਹੇ ਪ੍ਰਭੂ! (ਅਸੀਂ ਜੀਵ ਮੂਰਖ ਹਾਂ, ਅਸੀਂ ਇਹ ਮਾਣ ਕਰਦੇ ਹਾਂ ਕਿ ਅਸੀਂ ਹੀ ਸਭ ਕੁਝ ਕਰਦੇ ਹਾਂ ਤੇ ਕਰ ਸਕਦੇ ਹਾਂ) ਸਾਡੇ ਦਿਲਾਂ ਵਿਚੋਂ ਅਹੰਕਾਰ ਦੂਰ ਨਹੀਂ ਹੁੰਦਾ। ਅਹੰਕਾਰ ਵਿਚ ਪੈ ਕੇ ਖ਼ੁਆਰ ਹੁੰਦੇ ਹਾਂ ॥੭॥
57448	1344	ਭੁਲਣ ਵਿਚਿ ਕੀਆ ਸਭੁ ਕੋਈ ਕਰਤਾ ਆਪਿ ਨ ਭੁਲੈ॥	ਭੁੱਲਣ	Bhulan Vich Keeaa Sabh Koee Karathaa Aap N Bhulai ||	Everyone makes mistakes; only the Creator does not make mistakes.	ਕਰਤਾਰ ਆਪ ਕਦੇ ਗ਼ਲਤੀ ਨਹੀਂ ਖਾਂਦਾ ਪਰ ਹਰੇਕ ਜੀਵ ਜੋ ਉਸ ਨੇ ਪੈਦਾ ਕੀਤਾ ਹੈ ਭੁੱਲਾਂ ਵਿਚ ਫਸਦਾ ਰਹਿੰਦਾ ਹੈ।
57449	1344	ਨਾਨਕ ਸਚਿ ਨਾਮਿ ਨਿਸਤਾਰਾ ਕੋ ਗੁਰ ਪਰਸਾਦਿ ਅਘੁਲੈ॥੮॥੪॥	ਅ-ਘੁੱਲੈ	Naanak Sach Naam Nisathaaraa Ko Gur Parasaadh Aghulai ||8||4||	O Nanak, salvation comes through the True Name. By Guru's Grace, one is released. ||8||4||	ਹੇ ਨਾਨਕ! ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜਿਆਂ ਇਹਨਾਂ ਭੁੱਲਾਂ ਤੋਂ ਬਚ ਸਕੀਦਾ ਹੈ। ਗੁਰੂ ਦੀ ਕਿਰਪਾ ਨਾਲ ਹੀ ਕੋਈ ਵਿਰਲਾ ਜੀਵ ਕੁਰਾਹੇ ਪੈਣ ਤੋਂ ਬਚਦਾ ਹੈ ॥੮॥੪॥
57450	1344	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	

57451	1344	ਆਖਣਾ ਸੁਨਣਾ ਨਾਮੁ ਅਧਾਰੁ॥		Aakhanaa Sunanaa Naam Adhhaar ||	To chant and listen to the Naam, the Name of the Lord, is my Support.	ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਸੁਣਨ ਸੁਣਾਨ ਨੂੰ ਆਪਣੇ ਆਤਮਕ ਜੀਵਨ ਦਾ ਸਹਾਰਾ ਬਣਾ ਲਿਆ ਹੈ,
57452	1344	ਧੰਧਾ ਛੁਟਕਿ ਗਇਆ ਵੇਕਾਰੁ॥		Dhhandhhaa Shhuttak Gaeiaa Vaekaar ||	Worthless entanglements are ended and gone.	ਉਸ ਦੀ ਮਾਇਆ ਦੀ ਖ਼ਾਤਰ ਹਰ ਵੇਲੇ ਦੀ ਵਿਅਰਥ ਦੌੜ-ਭੱਜ ਮੁੱਕ ਜਾਂਦੀ ਹੈ।
57453	1344	ਜਿਉ ਮਨਮੁਖਿ ਦੂਜੈ ਪਤਿ ਖੋਈ॥		Jio Manamukh Dhoojai Path Khoee ||	The self-willed manmukh, caught in duality, loses his honor.	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੰਦਾ ਪਰਮਾਤਮਾ ਤੋਂ ਬਿਨਾ ਹੋਰ ਹੋਰ ਆਸਰੇ ਦੀ ਝਾਕ ਵਿਚ (ਦੌੜ-ਭੱਜ ਕਰਦਾ) ਹੈ ਤੇ ਇੱਜ਼ਤ ਗਵਾ ਲੈਂਦਾ ਹੈ।
57454	1344	ਬਿਨੁ ਨਾਵੈ ਮੈ ਅਵਰੁ ਨ ਕੋਈ॥੧॥		Bin Naavai Mai Avar N Koee ||1||	Except for the Name, I have no other at all. ||1||	(ਹੇ ਮੇਰੇ ਮਨ!) ਮੈਨੂੰ ਤਾਂ ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਹੋਰ ਆਸਰਾ ਨਹੀਂ ਸੁੱਝਦਾ ॥੧॥
57455	1344	ਸੁਣਿ ਮਨ ਅੰਧੇ ਮੂਰਖ ਗਵਾਰ॥		Sun Man Andhhae Moorakh Gavaar ||	Listen, O blind, foolish, idiotic mind.	ਹੇ (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਮਨ! ਹੇ ਮੂਰਖ ਮਨ! ਹੇ ਅਮੋੜ ਮਨ! ਸੁਣ,

57456	1344	ਆਵਤ ਜਾਤ ਲਾਜ ਨਹੀ ਲਾਗੈ ਬਿਨੁ ਗੁਰ ਬੂਡੈ ਬਾਰੋ ਬਾਰ॥੧॥ਰਹਾਉ॥		Aavath Jaath Laaj Nehee Laagai Bin Gur Booddai Baaro Baar ||1|| Rehaao ||	Aren't you ashamed of your comings and goings in reincarnation? Without the Guru, you shall drown, over and over again. ||1||Pause||	(ਜੇਹੜਾ ਬੰਦਾ ਮਾਇਆ ਦੇ ਮੋਹ ਵਿਚ ਅੰਨ੍ਹਾ ਹੋ ਜਾਂਦਾ ਹੈ, ਤੇ ਮੁੜ ਮੁੜ ਮਾਇਆ ਦੇ ਮੋਹ ਵਿਚ ਫਸਣੋਂ ਮੁੜਦਾ ਨਹੀਂ, ਉਸ ਨੂੰ ਨਿਰੀ) ਮਾਇਆ ਦੀ ਖ਼ਾਤਰ ਦੌੜ-ਭੱਜ ਕਰਨ ਵਿਚ ਕੋਈ ਸ਼ਰਮ ਮਹਿਸੂਸ ਨਹੀਂ ਹੁੰਦੀ। ਗੁਰੂ ਦੀ ਸਰਨ ਤੋਂ ਵਾਂਜਿਆਂ ਰਹਿ ਕੇ ਉਹ ਮੁੜ ਮੁੜ ਮਾਇਆ ਦੇ ਮੋਹ ਵਿਚ ਹੀ ਡੁੱਬਦਾ ਹੈ (ਹੇ ਮਨ! ਚੇਤਾ ਰੱਖ ਤੂੰ ਭੀ ਐਸਾ ਹੀ ਨਿਲੱਜ ਹੋ ਜਾਵੇਂਗਾ) ॥੧॥ ਰਹਾਉ ॥
57457	1344	ਇਸੁ ਮਨ ਮਾਇਆ ਮੋਹਿ ਬਿਨਾਸੁ॥		Eis Man Maaeiaa Mohi Binaas ||	This mind is ruined by its attachment to Maya.	ਮਾਇਆ ਦੇ ਮੋਹ ਵਿਚ (ਫਸ ਕੇ) ਇਸ ਮਨ ਦੀ ਆਤਮਕ ਮੌਤ ਹੋ ਜਾਂਦੀ ਹੈ।
57458	1344	ਧੁਰਿ ਹੁਕਮੁ ਲਿਖਿਆ ਤਾਂ ਕਹੀਐ ਕਾਸੁ॥		Dhhur Hukam Likhiaa Thaan Keheeai Kaas ||	The Command of the Primal Lord is pre-ordained. Before whom should I cry?	(ਪਰ ਜੀਵ ਦੇ ਕੀਹ ਵੱਸ?) ਜਦੋਂ ਧੁਰੋਂ ਹੀ ਇਹ ਹੁਕਮ ਚਲਿਆ ਆ ਰਿਹਾ ਹੈ ਤਾਂ ਕਿਸੇ ਹੋਰ ਅੱਗੇ ਪੁਕਾਰ ਭੀ ਨਹੀਂ ਕੀਤੀ ਜਾ ਸਕਦੀ (ਭਾਵ, ਮਾਇਆ ਦਾ ਮੋਹ ਆਤਮਕ ਮੌਤ ਦਾ ਕਾਰਨ ਬਣਦਾ ਹੈ-ਇਹ ਨਿਯਮ ਅਟੱਲ ਹੈ, ਇਸ ਨੂੰ ਕੋਈ ਉਲੰਘ ਨਹੀਂ ਸਕਦਾ)।

57459	1344	ਗੁਰਮੁਖਿ ਵਿਰਲਾ ਚੀਨ੍ਹੈ ਕੋਈ॥		Guramukh Viralaa Cheenhai Koee ||	Only a few, as Gurmukh, understand this.	ਕੋਈ ਵਿਰਲਾ ਬੰਦਾ ਗੁਰੂ ਦੀ ਸਰਨ ਪੈ ਕੇ ਸਮਝਦਾ ਹੈ,
57460	1344	ਨਾਮ ਬਿਹੂਨਾ ਮੁਕਤਿ ਨ ਹੋਈ॥੨॥		Naam Bihoonaa Mukath N Hoee ||2||	Without the Naam, no one is liberated. ||2||	ਕਿ ਪ੍ਰਭੂ ਦੇ ਨਾਮ ਤੋਂ ਬਿਨਾ ਮਾਇਆ ਦੇ ਮੋਹ ਤੋਂ ਖ਼ਲਾਸੀ ਨਹੀਂ ਹੋ ਸਕਦੀ ॥੨॥
57461	1344	ਭ੍ਰਮਿ ਭ੍ਰਮਿ ਡੋਲੈ ਲਖ ਚਉਰਾਸੀ॥		Bhram Bhram Ddolai Lakh Chouraasee ||	People wander lost, staggering and stumbling through 8.4 million incarnations.	ਮਾਇਆ ਦੇ ਮੋਹ ਵਿਚ ਭਟਕ ਭਟਕ ਕੇ ਜੀਵ ਚੌਰਾਸੀ ਲੱਖ ਜੂਨਾਂ ਦੇ ਗੇੜ ਵਿਚ ਧੱਕੇ ਖਾਂਦਾ ਫਿਰਦਾ ਹੈ।
57462	1344	ਬਿਨੁ ਗੁਰ ਬੂਝੇ ਜਮ ਕੀ ਫਾਸੀ॥		Bin Gur Boojhae Jam Kee Faasee ||	Without knowing the Guru, they cannot escape the noose of Death.	ਗੁਰੂ ਤੋਂ ਬਿਨਾ ਸਹੀ ਜੀਵਨ-ਰਾਹ ਨਹੀਂ ਸਮਝਦਾ ਤੇ ਜਮ ਦੀ ਫਾਹੀ (ਇਸ ਦੇ ਗਲ ਵਿਚ ਪਈ ਰਹਿੰਦੀ ਹੈ)।
57463	1344	ਇਹੁ ਮਨੂਆ ਖਿਨੁ ਖਿਨੁ ਊਭਿ ਪਇਆਲਿ॥		Eihu Manooaa Khin Khin Oobh Paeiaal ||	This mind, from one moment to the next, goes from the heavens to the underworld.	(ਮਾਇਆ ਦੇ ਅਸਰ ਵਿਚ) ਇਹ ਮਨ ਕਦੇ ਆਕਾਸ਼ ਵਿਚ ਜਾ ਚੜ੍ਹਦਾ ਹੈ ਕਦੇ ਪਾਤਾਲ ਵਿਚ ਡਿੱਗ ਪੈਂਦਾ ਹੈ।
57464	1344	ਗੁਰਮੁਖਿ ਛੂਟੈ ਨਾਮੁ ਸਮ੍ਹਾਲਿ॥੩॥		Guramukh Shhoottai Naam Samhaal ||3||	The Gurmukh contemplates the Naam, and is released. ||3||	ਜੇਹੜਾ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰਦਾ ਹੈ ਉਹ ਪਰਮਾਤਮਾ ਦਾ ਨਾਮ ਸਿਮਰ ਕੇ ਇਸ ਗੇੜ ਵਿਚੋਂ ਬਚ ਨਿਕਲਦਾ ਹੈ ॥੩॥

57465	1344	ਆਪੇ ਸਦੇ ਢਿਲ ਨ ਹੋਇ॥	ਸੱਦੇ	Aapae Sadhae Dtil N Hoe ||	When God sends His Summons, there is no time to delay.	ਜਿਸ ਮਨੁੱਖ ਨੂੰ ਪ੍ਰਭੂ ਆਪ ਹੀ (ਆਪਣੇ ਚਰਨਾਂ ਵਿਚ ਜੁੜਨ ਲਈ) ਸੱਦਦਾ ਹੈ ਉਸ ਨੂੰ ਮਿਲਦਿਆਂ ਚਿਰ ਨਹੀਂ ਲੱਗਦਾ,
57466	1344	ਸਬਦਿ ਮਰੈ ਸਹਿਲਾ ਜੀਵੈ ਸੋਇ॥		Sabadh Marai Sehilaa Jeevai Soe ||	When one dies in the Word of the Shabad, he lives in peace.	ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਮਾਇਆ ਦੇ ਮੋਹ ਵਲੋਂ ਮਰ ਜਾਂਦਾ ਹੈ (ਭਾਵ, ਮਾਇਆ ਉਸ ਉਤੇ ਪ੍ਰਭਾਵ ਨਹੀਂ ਪਾ ਸਕਦੀ) ਤੇ ਉਹ ਬੜਾ ਸੌਖਾ ਜੀਵਨ ਗੁਜ਼ਾਰਦਾ ਹੈ।
57467	1344	ਬਿਨੁ ਗੁਰ ਸੋਝੀ ਕਿਸੈ ਨ ਹੋਇ॥		Bin Gur Sojhee Kisai N Hoe ||	Without the Guru, no one understands.	ਗੁਰੂ ਦੀ ਸਰਨ ਪੈਣ ਤੋਂ ਬਿਨਾ ਕਿਸੇ ਨੂੰ ਆਤਮਕ ਜੀਵਨ ਦੀ ਸਮਝ ਨਹੀਂ ਪੈਂਦੀ।
57468	1344	ਆਪੇ ਕਰੈ ਕਰਾਵੈ ਸੋਇ॥੪॥		Aapae Karai Karaavai Soe ||4||	The Lord Himself acts, and inspires all to act. ||4||	(ਗੁਰੂ ਨਾਲ ਭੀ ਪ੍ਰਭੂ ਆਪ ਹੀ ਮਿਲਾਂਦਾ ਹੈ) ਪ੍ਰਭੂ ਆਪ ਹੀ ਇਹ ਸਭ ਕੁਝ ਕਰਦਾ ਹੈ ਤੇ ਜੀਵਾਂ ਪਾਸੋਂ ਕਰਾਂਦਾ ਹੈ ॥੪॥
57469	1344	ਝਗੜੁ ਚੁਕਾਵੈ ਹਰਿ ਗੁਣ ਗਾਵੈ॥		Jhagarr Chukaavai Har Gun Gaavai ||	Inner conflict comes to an end, singing the Glorious Praises of the Lord.	ਜਿਸ ਮਨੁੱਖ ਦਾ ਮਾਇਆ ਦੇ ਮੋਹ ਦਾ ਲੰਮਾ ਗੇੜ ਪ੍ਰਭੂ ਮੁਕਾਂਦਾ ਹੈ ਉਹ ਮਨੁੱਖ ਪ੍ਰਭੂ ਦੇ ਗੁਣ ਗਾਂਦਾ ਹੈ,
57470	1344	ਪੂਰਾ ਸਤਿਗੁਰੁ ਸਹਜਿ ਸਮਾਵੈ॥		Pooraa Sathigur Sehaj Samaavai ||	Through the Perfect True Guru, one is intuitively absorbed into the Lord.	ਪੂਰਾ ਗੁਰੂ ਉਸ ਦੇ ਸਿਰ ਉਤੇ ਰਾਖਾ ਬਣਦਾ ਹੈ ਤੇ ਉਹ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ।
57471	1344	ਇਹੁ ਮਨੁ ਡੋਲਤ ਤਉ ਠਹਰਾਵੈ॥		Eihu Man Ddolath Tho Theharaavai ||	This wobbling, unsteady mind is stabilized,	ਤਦੋਂ ਮਨੁੱਖ ਦਾ ਇਹ ਮਨ ਮਾਇਆ ਪਿੱਛੇ ਭਟਕਣੋਂ ਹਟ ਜਾਂਦਾ ਹੈ,

57472	1344	ਸਚੁ ਕਰਣੀ ਕਰਿ ਕਾਰ ਕਮਾਵੈ॥੫॥		Sach Karanee Kar Kaar Kamaavai ||5||	And one lives the lifestyle of true actions. ||5||	ਤਦੋਂ ਮਨੁੱਖ ਸਦਾ-ਥਿਰ ਨਾਮ ਦੇ ਸਿਮਰਨ ਨੂੰ ਆਪਣਾ ਕਰਤੱਬ ਜਾਣ ਕੇ ਸਿਮਰਨ ਦੀ ਕਾਰ ਕਰਦਾ ਹੈ ॥੫॥
57473	1344	ਅੰਤਰਿ ਜੂਠਾ ਕਿਉ ਸੁਚਿ ਹੋਇ॥		Anthar Joothaa Kio Such Hoe ||	If someone is false within his own self, then how can he be pure?	ਪਰ ਜਿਸ ਮਨੁੱਖ ਦਾ ਮਨ (ਵਿਕਾਰਾਂ ਨਾਲ) ਮੈਲਾ ਹੋ ਚੁਕਾ ਹੋਵੇ ਉਸ ਦੇ ਅੰਦਰ (ਬਾਹਰਲੇ ਇਸ਼ਨਾਨ ਆਦਿਕ ਨਾਲ) ਪਵਿਤ੍ਰਤਾ ਨਹੀਂ ਆ ਸਕਦੀ।
57474	1344	ਸਬਦੀ ਧੋਵੈ ਵਿਰਲਾ ਕੋਇ॥		Sabadhee Dhhovai Viralaa Koe ||	How rare are those who wash with the Shabad.	ਕੋਈ ਵਿਰਲਾ ਮਨੁੱਖ ਗੁਰੂ ਦੇ ਸ਼ਬਦ ਨਾਲ ਹੀ (ਮਨ ਨੂੰ) ਸਾਫ਼ ਕਰਦਾ ਹੈ।
57475	1344	ਗੁਰਮੁਖਿ ਕੋਈ ਸਚੁ ਕਮਾਵੈ॥		Guramukh Koee Sach Kamaavai ||	How rare are those who, as Gurmukh, live the Truth.	ਕੋਈ ਵਿਰਲਾ ਹੀ ਗੁਰੂ ਦੀ ਸਰਨ ਪੈ ਕੇ ਸਦਾ-ਥਿਰ ਨਾਮ ਨੂੰ ਸਿਮਰਨ ਦੀ ਕਾਰ ਕਰਦਾ ਹੈ,
57476	1344	ਆਵਣੁ ਜਾਣਾ ਠਾਕਿ ਰਹਾਵੈ॥੬॥		Aavan Jaanaa Thaak Rehaavai ||6||	Their comings and goings in reincarnation are over and done. ||6||	ਤੇ ਆਪਣੇ ਮਨ ਦੀ ਭਟਕਣਾ ਨੂੰ ਰੋਕ ਰੱਖਦਾ ਹੈ ॥੬॥
57477	1345	ਭਉ ਖਾਣਾ ਪੀਣਾ ਸੁਖੁ ਸਾਰੁ॥		Bho Khaanaa Peenaa Sukh Saar ||	Those who eat and drink the Fear of God, find the most excellent peace.	ਜਿਸ ਮਨੁੱਖ ਨੇ ਪਰਮਾਤਮਾ ਦੇ ਡਰ-ਅਦਬ ਨੂੰ ਆਪਣੇ ਆਤਮਕ ਜੀਵਨ ਦਾ ਆਸਰਾ ਬਣਾ ਲਿਆ ਹੈ ਜਿਵੇਂ ਖਾਣ ਪੀਣ ਨੂੰ ਸਰੀਰ ਦਾ ਸਹਾਰਾ ਬਣਾਈਦਾ ਹੈ,

57478	1345	ਹਰਿ ਜਨ ਸੰਗਤਿ ਪਾਵੈ ਪਾਰੁ॥		Har Jan Sangath Paavai Paar ||	Associating with the humble servants of the Lord, they are carried across.	ਉਹ ਮਨੁੱਖ ਗੁਰਮੁਖਾਂ ਦੀ ਸੰਗਤ ਵਿਚ ਰਹਿ ਕੇ (ਮਾਇਆ ਦੇ ਮੋਹ ਦੇ ਸਮੁੰਦਰ ਦਾ) ਪਾਰਲਾ ਬੰਨਾ ਲੱਭ ਲੈਂਦਾ ਹੈ।
57479	1345	ਸਚੁ ਬੋਲੈ ਬੋਲਾਵੈ ਪਿਆਰੁ॥		Sach Bolai Bolaavai Piaar ||	They speak the Truth, and lovingly inspire others to speak it as well.	ਉਹ ਮਨੁੱਖ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਦਾ ਹੈ, ਪ੍ਰਭੂ-ਚਰਨਾਂ ਦਾ ਪਿਆਰ ਉਸ ਨੂੰ ਸਿਮਰਨ ਵਲ ਹੀ ਪ੍ਰੇਰਦਾ ਰਹਿੰਦਾ ਹੈ।
57480	1345	ਗੁਰ ਕਾ ਸਬਦੁ ਕਰਣੀ ਹੈ ਸਾਰੁ॥੭॥		Gur Kaa Sabadh Karanee Hai Saar ||7||	The Word of the Guru's Shabad is the most excellent occupation. ||7||	ਗੁਰੂ ਦੇ ਸ਼ਬਦ ਨੂੰ ਹਿਰਦੇ ਵਿਚ ਟਿਕਾਣਾ ਹੀ ਉਹ ਮਨੁੱਖ ਸਭ ਤੋਂ ਸ੍ਰੇਸ਼ਟ ਕਰਤੱਬ ਸਮਝਦਾ ਹੈ ॥੭॥
57481	1345	ਹਰਿ ਜਸੁ ਕਰਮੁ ਧਰਮੁ ਪਤਿ ਪੂਜਾ॥	ਪਤਿ: ਪੋਲਾ ਬੋਲੋ	Har Jas Karam Dhharam Path Poojaa ||	Those who take the Lord's Praises as their karma and Dharma, their honor and worship service	ਉਸ ਮਨੁੱਖ ਨੇ ਇਹ ਨਿਸ਼ਚਾ ਕਰ ਲਿਆ ਹੁੰਦਾ ਹੈ ਕਿ ਪਰਮਾਤਮਾ ਦੀ ਸਿਫ਼ਤ-ਸਾਲਾਹ ਹੀ ਮੇਰੇ ਵਾਸਤੇ ਕਰਮ-ਕਾਂਡ ਹੈ, ਇਹੀ ਮੇਰੇ ਲਈ (ਲੋਕ ਪਰਲੋਕ ਦੀ) ਇੱਜ਼ਤ ਹੈ ਤੇ ਇਹੀ ਮੇਰੇ ਵਾਸਤੇ ਦੇਵ-ਪੂਜਾ ਹੈ।
57482	1345	ਕਾਮ ਕ੍ਰੋਧ ਅਗਨੀ ਮਹਿ ਭੂੰਜਾ॥		Kaam Krodhh Aganee Mehi Bhoonjaa ||	Their sexual desire and anger are burnt off in the fire.	ਉਹ ਮਨੁੱਖ ਕਾਮ ਕ੍ਰੋਧ ਆਦਿਕ ਵਿਕਾਰਾਂ ਨੂੰ (ਗਿਆਨ ਦੀ) ਅੱਗ ਵਿਚ ਸਾੜ ਦੇਂਦਾ ਹੈ।

57483	1345	ਹਰਿ ਰਸੁ ਚਾਖਿਆ ਤਉ ਮਨੁ ਭੀਜਾ॥		Har Ras Chaakhiaa Tho Man Bheejaa ||	They taste the sublime essence of the Lord, and their minds are drenched with it.	ਜਦੋਂ ਮਨੁੱਖ (ਇਕ ਵਾਰੀ) ਪਰਮਾਤਮਾ ਦੇ ਨਾਮ ਦਾ ਰਸ ਚੱਖ ਲੈਂਦਾ ਹੈ ਤਾਂ ਉਸ ਦਾ ਮਨ (ਸਦਾ ਲਈ ਉਸ ਰਸ ਵਿਚ) ਭਿੱਜ ਜਾਂਦਾ ਹੈ।
57484	1345	ਪ੍ਰਣਵਤਿ ਨਾਨਕੁ ਅਵਰੁ ਨ ਦੂਜਾ॥੮॥੫॥		Pranavath Naanak Avar N Dhoojaa ||8||5||	Prays Nanak, there is no other at all. ||8||5||	ਨਾਨਕ ਬੇਨਤੀ ਕਰਦਾ ਹੈ ਕਿ ਫਿਰ ਉਸ ਨੂੰ ਕੋਈ ਹੋਰ ਰਸ ਚੰਗਾ ਨਹੀਂ ਲੱਗਦਾ ॥੮॥੫॥
57485	1345	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	
57486	1345	ਰਾਮ ਨਾਮੁ ਜਪਿ ਅੰਤਰਿ ਪੂਜਾ॥		Raam Naam Jap Anthar Poojaa ||	Chant the Lord's Name and worship Him deep within your being.	(ਹੇ ਪੰਡਿਤ!) ਪਰਮਾਤਮਾ ਦਾ ਨਾਮ ਜਪ, (ਇਹੀ) ਅੰਤਰ ਆਤਮੇ (ਪਰਮਾਤਮ ਦੇਵ ਦੀ) ਪੂਜਾ ਹੈ।
57487	1345	ਗੁਰ ਸਬਦੁ ਵੀਚਾਰਿ ਅਵਰੁ ਨਹੀ ਦੂਜਾ॥੧॥		Gur Sabadh Veechaar Avar Nehee Dhoojaa ||1||	Contemplate the Word of the Guru's Shabad and no other. ||1||	ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਈ ਰੱਖ (ਤੈਨੂੰ ਸਮਝ ਆ ਜਾਇਗੀ ਕਿ) ਪਰਮਾਤਮਾ ਤੋਂ ਬਿਨਾ ਕੋਈ (ਦੇਵੀ ਦੇਵਤਾ) ਨਹੀਂ ਹੈ (ਜਿਸ ਦੀ ਪੂਜਾ ਕੀਤੀ ਜਾਏ) ॥੧॥
57488	1345	ਏਕੋ ਰਵਿ ਰਹਿਆ ਸਭ ਠਾਈ॥		Eaeko Rav Rehiaa Sabh Thaaee ||	The One is pervading all places.	(ਹੇ ਪੰਡਿਤ!) ਇਕ ਪਰਮਾਤਮਾ ਸਭ ਥਾਵਾਂ ਵਿਚ ਵਿਆਪਕ ਹੈ।

57489	1345	ਅਵਰੁ ਨ ਦੀਸੈ ਕਿਸੁ ਪੂਜ ਚੜਾਈ॥੧॥ਰਹਾਉ॥	ਚੜ੍ਹਾਈ	Avar N Dheesai Kis Pooj Charraaee ||1|| Rehaao ||	I do not see any other; unto whom should I offer worship? ||1||Pause||	ਮੈਨੂੰ (ਉਸ ਤੋਂ ਬਿਨਾ ਕਿਤੇ) ਕੋਈ ਹੋਰ ਨਹੀਂ ਦਿੱਸਦਾ। ਮੈਂ ਹੋਰ ਕਿਸ ਦੀ ਪੂਜਾ ਕਰਾਂ? ਮੈਂ ਹੋਰ ਕਿਸ ਨੂੰ (ਫੁੱਲ ਆਦਿਕ) ਭੇਟ ਕਰਾਂ? ॥੧॥ ਰਹਾਉ ॥
57490	1345	ਮਨੁ ਤਨੁ ਆਗੈ ਜੀਅੜਾ ਤੁਝ ਪਾਸਿ॥		Man Than Aagai Jeearraa Thujh Paas ||	I place my mind and body in offering before You; I dedicate my soul to You.	(ਹੇ ਪੰਡਿਤ! ਇਹ ਫੁੱਲਾਂ ਦੀ ਭੇਟ ਕਿਸ ਅਰਥ? ਹੇ ਪ੍ਰਭੂ!) ਮੇਰਾ ਇਹ ਮਨ ਮੇਰਾ ਇਹ ਸਰੀਰ ਤੇਰੇ ਅੱਗੇ ਹਾਜ਼ਰ ਹੈ ਮੇਰੀ ਇਹ ਨਿੱਕੀ ਜਿੰਦ ਭੀ ਤੇਰੇ ਹਵਾਲੇ ਹੈ।
57491	1345	ਜਿਉ ਭਾਵੈ ਤਿਉ ਰਖਹੁ ਅਰਦਾਸਿ॥੨॥		Jio Bhaavai Thio Rakhahu Aradhaas ||2||	As it pleases You, You save me, Lord; this is my prayer. ||2||	(ਮੈਂ ਤਾਂ ਇਉਂ ਪਰਮਾਤਮਾ ਦੇ ਦਰ ਤੇ) ਅਰਦਾਸ ਕਰਦਾ ਹਾਂ- (ਹੇ ਪ੍ਰਭੂ!) ਜਿਵੇਂ ਤੇਰੀ ਰਜ਼ਾ ਹੈ ਮੈਨੂੰ ਉਵੇਂ ਰੱਖ ॥੨॥
57492	1345	ਸਚੁ ਜਿਹਵਾ ਹਰਿ ਰਸਨ ਰਸਾਈ॥		Sach Jihavaa Har Rasan Rasaaee ||	True is that tongue which is delighted by the sublime essence of the Lord.	ਜੇਹੜਾ ਮਨੁੱਖ ਆਪਣੀ ਜੀਭ ਨਾਲ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਦਾ ਹੈ ਤੇ ਆਪਣੀ ਜੀਭ ਨੂੰ ਪ੍ਰਭੂ ਦੇ ਨਾਮ-ਰਸ ਵਿਚ ਰਸਾ ਲੈਂਦਾ ਹੈ,
57493	1345	ਗੁਰਮਤਿ ਛੂਟਸਿ ਪ੍ਰਭ ਸਰਣਾਈ॥੩॥		Guramath Shhoottas Prabh Saranaaee ||3||	Following the Guru's Teachings, one is saved in the Sanctuary of God. ||3||	ਗੁਰੂ ਦੀ ਮੱਤ ਲੈ ਕੇ ਪ੍ਰਭੂ ਦੀ ਸਰਨ ਪੈਂਦਾ ਹੈ, ਉਹ ਮਾਇਆ ਦੇ ਬੰਧਨਾਂ ਤੋਂ ਮੁਕਤ ਹੋ ਜਾਂਦਾ ਹੈ ॥੩॥

57494	1345	ਕਰਮ ਧਰਮ ਪ੍ਰਭਿ ਮੇਰੈ ਕੀਏ॥		Karam Dhharam Prabh Maerai Keeeae ||	My God created religious rituals.	(ਪਰਮਾਤਮਾ ਸਭ ਹੀ ਜੀਵਾਂ ਵਿਚ ਵਿਆਪਕ ਹੈ, ਇਸ ਦ੍ਰਿਸ਼ਟੀ-ਕੋਣ ਤੋਂ) ਮੇਰੇ ਪਰਮਾਤਮਾ ਨੇ ਹੀ ਕਰਮ-ਕਾਂਡ ਬਣਾਏ ਹਨ,
57495	1345	ਨਾਮੁ ਵਡਾਈ ਸਿਰਿ ਕਰਮਾਂ ਕੀਏ॥੪॥		Naam Vaddaaee Sir Karamaan Keeeae ||4||	He placed the glory of the Naam above these rituals. ||4||	ਪਰ ਪ੍ਰਭੂ ਨੇ ਹੀ ਨਾਮ-ਸਿਮਰਨ ਨੂੰ ਸਭ ਕਰਮਾਂ ਦੇ ਉੱਤੇ ਵਡਿਆਈ ਦਿੱਤੀ ਹੈ ॥੪॥
57496	1345	ਸਤਿਗੁਰ ਕੈ ਵਸਿ ਚਾਰਿ ਪਦਾਰਥ॥	ਵੱਸਿ	Sathigur Kai Vas Chaar Padhaarathh ||	The four great blessings are under the control of the True Guru.	(ਲੋਕ ਦੁਨੀਆ ਦੇ ਪਦਾਰਥਾਂ ਦੀ ਖ਼ਾਤਰ ਦੇਵੀ ਦੇਵਤਿਆਂ ਦੀ ਪੂਜਾ ਕਰਦੇ ਫਿਰਦੇ ਹਨ, ਪਰ) ਗੁਰੂ ਦੇ ਇਖ਼ਤਿਆਰ ਵਿਚ (ਧਰਮ, ਅਰਥ, ਕਾਮ, ਮੋਖ) ਚਾਰੇ ਹੀ ਪਦਾਰਥ ਹਨ।
57497	1345	ਤੀਨਿ ਸਮਾਏ ਏਕ ਕ੍ਰਿਤਾਰਥ॥੫॥		Theen Samaaeae Eaek Kirathaarathh ||5||	When the first three are put aside, one is blessed with the fourth. ||5||	(ਗੁਰੂ ਦੀ) ਸਰਨ ਪਿਆਂ (ਪਹਿਲੇ) ਤਿੰਨਾਂ ਪਦਾਰਥਾਂ ਦੀ ਵਾਸਨਾ ਹੀ ਮੁੱਕ ਜਾਂਦੀ ਹੈ, ਤੇ, ਮਨੁੱਖ ਨੂੰ ਇਕ ਵਿਚ ਸਫਲਤਾ ਹੋ ਜਾਂਦੀ ਹੈ (ਭਾਵ, ਮਾਇਆ ਦੇ ਮੋਹ ਤੋਂ ਮੁਕਤੀ ਮਿਲ ਜਾਂਦੀ ਹੈ) ॥੫॥
57498	1345	ਸਤਿਗੁਰਿ ਦੀਏ ਮੁਕਤਿ ਧਿਆਨਾਂ॥		Sathigur Dheeeae Mukath Dhhiaanaan ||	Those whom the True Guru blesses with liberation and meditation	ਜਿਨ੍ਹਾਂ ਮਨੁੱਖਾਂ ਨੂੰ ਗੁਰੂ ਨੇ ਮਾਇਆ ਦੇ ਮੋਹ ਤੋਂ ਖ਼ਲਾਸੀ ਬਖ਼ਸ਼ੀ, ਪ੍ਰਭੂ-ਚਰਨਾਂ ਵਿਚ ਸੁਰਤ ਜੋੜਨ ਦੀ ਦਾਤ ਦਿੱਤੀ,

57499	1345	ਹਰਿ ਪਦੁ ਚੀਨ੍ਹਿ ਭਏ ਪਰਧਾਨਾ॥੬॥		Har Padh Cheenih Bheae Paradhhaanaa ||6||	Realize the Lord's State, and become sublime. ||6||	ਉਹਨਾਂ ਨੇ ਪਰਮਾਤਮਾ ਨਾਲ ਮੇਲ-ਅਵਸਥਾ ਪਛਾਣ ਲਈ ਤੇ ਉਹ (ਲੋਕ ਪਰਲੋਕ ਵਿਚ) ਮੰਨੇ ਪ੍ਰਮੰਨੇ ਗਏ ॥੬॥
57500	1345	ਮਨੁ ਤਨੁ ਸੀਤਲੁ ਗੁਰਿ ਬੂਝ ਬੁਝਾਈ॥		Man Than Seethal Gur Boojh Bujhaaee ||	Their minds and bodies are cooled and soothed; the Guru imparts this understanding.	ਜਿਨ੍ਹਾਂ ਮਨੁੱਖਾਂ ਨੂੰ ਸਤਿਗੁਰੂ ਨੇ ਆਤਮਕ ਜੀਵਨ ਦੀ ਸਮਝ ਬਖ਼ਸ਼ੀ ਉਹਨਾਂ ਦਾ ਮਨ ਉਹਨਾਂ ਦਾ ਸਰੀਰ (ਭਾਵ, ਗਿਆਨ-ਇੰਦ੍ਰੇ ਵਿਕਾਰਾਂ ਦੀ ਤਪਸ਼ ਤੋਂ ਬਚ ਕੇ) ਠੰਢੇ-ਠਾਰ ਹੋ ਗਏ,
57501	1345	ਪ੍ਰਭੁ ਨਿਵਾਜੇ ਕਿਨਿ ਕੀਮਤਿ ਪਾਈ॥੭॥		Prabh Nivaajae Kin Keemath Paaee ||7||	Who can estimate the value of those whom God has exalted? ||7||	ਪ੍ਰਭੂ ਨੇ ਉਹਨਾਂ ਨੂੰ ਵਡਿਆਈ ਦਿੱਤੀ, (ਉਹਨਾਂ ਦਾ ਆਤਮਕ ਜੀਵਨ ਇਤਨਾ ਉੱਚਾ ਹੋ ਗਿਆ ਕਿ) ਕੋਈ ਆਦਮੀ ਉਸ ਜੀਵਨ ਦਾ ਮੁੱਲ ਨਹੀਂ ਪਾ ਸਕਦਾ ॥੭॥
57502	1345	ਕਹੁ ਨਾਨਕ ਗੁਰਿ ਬੂਝ ਬੁਝਾਈ॥	ਬੂੱਝ ਬੁੱਝਾਈ	Kahu Naanak Gur Boojh Bujhaaee ||	Says Nanak, the Guru has imparted this understanding;	ਨਾਨਕ ਆਖਦਾ ਹੈ- ਗੁਰੂ ਨੇ (ਮੈਨੂੰ) ਇਹ ਸੂਝ ਬਖ਼ਸ਼ ਦਿੱਤੀ ਹੈ,
57503	1345	ਨਾਮ ਬਿਨਾ ਗਤਿ ਕਿਨੈ ਨ ਪਾਈ॥੮॥੬॥		Naam Binaa Gath Kinai N Paaee ||8||6||	Without the Naam, the Name of the Lord, no one is emancipated. ||8||6||	ਕਿ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਕਿਸੇ ਨੇ (ਕਦੇ) ਉੱਚੀ ਆਤਮਕ ਅਵਸਥਾ ਹਾਸਲ ਨਹੀਂ ਕੀਤੀ ॥੮॥੬॥
57504	1345	ਪ੍ਰਭਾਤੀ ਮਹਲਾ ੧॥		Prabhaathee Mehalaa 1 ||	Prabhaatee, First Mehl:	

57505	1345	ਇਕਿ ਧੁਰਿ ਬਖਸਿ ਲਏ ਗੁਰਿ ਪੂਰੈ ਸਚੀ ਬਣਤ ਬਣਾਈ॥		Eik Dhhur Bakhas Leae Gur Poorai Sachee Banath Banaaee ||	Some are forgiven by the Primal Lord God; the Perfect Guru makes the true making.	ਜੇਹੜੇ ਬੰਦੇ ਧੁਰੋਂ ਪ੍ਰਭੂ ਦੀ ਰਜ਼ਾ ਅਨੁਸਾਰ ਪੂਰੇ ਗੁਰੂ ਨੇ ਬਖ਼ਸ਼ੇ ਹਨ (ਜਿਨ੍ਹਾਂ ਉਤੇ ਗੁਰੂ ਨੇ ਮੇਹਰ ਕੀਤੀ ਹੈ) ਗੁਰੂ ਨੇ ਉਹਨਾਂ ਦੀ ਮਾਨਸਕ ਬਨਾਵਟ ਅਜੇਹੀ ਬਣਾ ਦਿੱਤੀ ਹੈ ਕਿ ਉਹਨਾਂ ਨੂੰ ਸਦਾ-ਥਿਰ ਪ੍ਰਭੂ ਦੇ ਸਿਮਰਨ ਵੱਲ ਪ੍ਰੇਰਦੀ ਹੈ।
57506	1345	ਹਰਿ ਰੰਗ ਰਾਤੇ ਸਦਾ ਰੰਗੁ ਸਾਚਾ ਦੁਖ ਬਿਸਰੇ ਪਤਿ ਪਾਈ॥੧॥		Har Rang Raathae Sadhaa Rang Saachaa Dhukh Bisarae Path Paaee ||1||	Those who are attuned to the Love of the Lord are imbued with Truth forever; their pains are dispelled, and they obtain honor. ||1||	ਉਹ ਸਦਾ ਪਰਮਾਤਮਾ ਦੇ ਨਾਮ-ਰੰਗ ਨਾਲ ਰੰਗੇ ਰਹਿੰਦੇ ਹਨ, ਉਹਨਾਂ (ਦੇ ਮਨ) ਨੂੰ ਸਦਾ-ਥਿਰ ਰਹਿਣ ਵਾਲਾ ਪ੍ਰੇਮ-ਰੰਗ ਚੜ੍ਹਿਆ ਰਹਿੰਦਾ ਹੈ। ਉਹਨਾਂ ਦੇ ਦੁੱਖ ਦੂਰ ਹੋ ਜਾਂਦੇ ਹਨ ਤੇ ਉਹ (ਲੋਕ ਪਰਲੋਕ ਵਿਚ) ਸੋਭਾ ਖੱਟਦੇ ਹਨ ॥੧॥
57507	1345	ਝੂਠੀ ਦੁਰਮਤਿ ਕੀ ਚਤੁਰਾਈ॥	ਦੁਰ-ਮੱਤਿ	Jhoothee Dhuramath Kee Chathuraaee ||	False are the clever tricks of the evil-minded.	ਭੈੜੀ ਮੱਤ ਤੋਂ ਪੈਦਾ ਹੋਈ ਸਿਆਣਪ ਮਨੁੱਖ ਨੂੰ ਨਾਸਵੰਤ ਪਦਾਰਥਾਂ ਵੱਲ ਹੀ ਪ੍ਰੇਰਦੀ ਰਹਿੰਦੀ ਹੈ,
57508	1345	ਬਿਨਸਤ ਬਾਰ ਨ ਲਾਗੈ ਕਾਈ॥੧॥ਰਹਾਉ॥		Binasath Baar N Laagai Kaaee ||1|| Rehaao ||	They shall disappear in no time at all. ||1||Pause||	(ਇਸ ਸਿਆਣਪ ਦੇ ਕਾਰਨ) ਮਨੁੱਖ ਨੂੰ ਆਤਮਕ ਮੌਤੇ ਮਰਦਿਆਂ ਰਤਾ ਚਿਰ ਨਹੀਂ ਲੱਗਦਾ ॥੧॥ ਰਹਾਉ ॥

57509	1345	ਮਨਮੁਖ ਕਉ ਦੁਖੁ ਦਰਦੁ ਵਿਆਪਸਿ ਮਨਮੁਖਿ ਦੁਖੁ ਨ ਜਾਈ॥		Manamukh Ko Dhukh Dharadh Viaapas Manamukh Dhukh N Jaaee ||	Pain and suffering afflict the self-willed manmukh. The pains of the self-willed manmukh shall never depart.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦਿਆਂ ਨੂੰ (ਕਈ ਕਿਸਮ ਦੇ) ਦੁੱਖ ਕਲੇਸ਼ ਦਬਾਈ ਰੱਖਦੇ ਹਨ, ਆਪਣੇ ਮਨ ਦੀ ਅਗਵਾਈ ਵਿਚ ਉਹਨਾਂ ਦਾ ਦੁਖ ਕਦੇ ਦੂਰ ਨਹੀਂ ਹੁੰਦਾ।
57510	1345	ਸੁਖ ਦੁਖ ਦਾਤਾ ਗੁਰਮੁਖਿ ਜਾਤਾ ਮੇਲਿ ਲਏ ਸਰਣਾਈ॥੨॥		Sukh Dhukh Dhaathaa Guramukh Jaathaa Mael Leae Saranaaee ||2||	The Gurmukh recognizes the Giver of pleasure and pain. He merges in His Sanctuary. ||2||	ਜੇਹੜੇ ਬੰਦੇ ਗੁਰੂ ਦੀ ਸਰਨ ਪੈਂਦੇ ਹਨ ਉਹ ਸੁਖ ਦੇਣ ਵਾਲੇ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦੇ ਹਨ, ਪਰਮਾਤਮਾ ਉਹਨਾਂ ਨੂੰ ਆਪਣੀ ਸਰਨ ਵਿਚ ਰੱਖ ਕੇ ਆਪਣੇ ਨਾਲ ਮਿਲਾ ਲੈਂਦਾ ਹੈ ॥੨॥
57511	1345	ਮਨਮੁਖ ਤੇ ਅਭ ਭਗਤਿ ਨ ਹੋਵਸਿ ਹਉਮੈ ਪਚਹਿ ਦਿਵਾਨੇ॥		Manamukh Thae Abh Bhagath N Hovas Houmai Pachehi Dhivaanae ||	The self-willed manmukhs do not know loving devotional worship; they are insane, rotting away in their egotism.	ਮਨਮੁਖਾਂ ਪਾਸੋਂ ਚਿੱਤ ਦੀ ਇਕਾਗ੍ਰਤਾ ਨਾਲ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ ਕਿਉਂਕਿ ਉਹ ਹਉਮੈ ਵਿਚ ਕਮਲੇ ਹੋਏ ਹੋਏ ਅੰਦਰੇ ਅੰਦਰ ਖ਼ੁਆਰ ਹੁੰਦੇ ਰਹਿੰਦੇ ਹਨ।
57512	1345	ਇਹੁ ਮਨੂਆ ਖਿਨੁ ਊਭਿ ਪਇਆਲੀ ਜਬ ਲਗਿ ਸਬਦ ਨ ਜਾਨੇ॥੩॥		Eihu Manooaa Khin Oobh Paeiaalee Jab Lag Sabadh N Jaanae ||3||	This mind flies in an instant from the heavens to the underworld, as long as it does not know the Word of the Shabad. ||3||	ਜਦੋਂ ਤਕ ਮਨੁੱਖ ਗੁਰੂ ਦੇ ਸ਼ਬਦ ਨਾਲ ਸਾਂਝ ਨਹੀਂ ਪਾਂਦਾ, ਤਦ ਤਕ ਇਸ ਦਾ ਇਹ ਮਨ (ਮਾਇਆ ਦੇ ਮੋਹ ਕਾਰਨ) ਕਦੇ ਆਕਾਸ਼ ਵਿਚ ਜਾ ਪਹੁੰਚਦਾ ਹੈ ਕਦੇ ਪਾਤਾਲ ਵਿਚ ਜਾ ਡਿੱਗਦਾ ਹੈ ॥੩॥

57513	1345	ਭੂਖ ਪਿਆਸਾ ਜਗੁ ਭਇਆ ਤਿਪਤਿ ਨਹੀ ਬਿਨੁ ਸਤਿਗੁਰ ਪਾਏ॥		Bhookh Piaasaa Jag Bhaeiaa Thipath Nehee Bin Sathigur Paaeae ||	The world has become hungry and thirsty; without the True Guru, it is not satisfied.	ਜਗਤ ਮਾਇਆ ਦੀ ਭੁੱਖ ਮਾਇਆ ਦੀ ਤ੍ਰੇਹ ਨਾਲ ਘਬਰਾਇਆ ਪਿਆ ਹੈ, ਸਤਿਗੁਰੂ ਦੀ ਸਰਨ ਆਉਣ ਤੋਂ ਬਿਨਾ ਤ੍ਰਿਸ਼ਨਾ ਨਹੀਂ ਮਿਟਦੀ ਸੰਤੋਖ ਨਹੀਂ ਆਉਂਦਾ।
57514	1345	ਸਹਜੈ ਸਹਜੁ ਮਿਲੈ ਸੁਖੁ ਪਾਈਐ ਦਰਗਹ ਪੈਧਾ ਜਾਏ॥੪॥		Sehajai Sehaj Milai Sukh Paaeeai Dharageh Paidhhaa Jaaeae ||4||	Merging intuitively in the Celestial Lord, peace is obtained, and one goes to the Lord's Court wearing robes of honor. ||4||	(ਗੁਰੂ ਦੀ ਸਰਨ ਪਿਆਂ) ਆਤਮਕ ਅਡੋਲਤਾ ਪ੍ਰਾਪਤ ਹੁੰਦੀ ਹੈ, ਆਤਮਕ ਆਨੰਦ ਮਿਲਦਾ ਹੈ, ਤੇ ਪਰਮਾਤਮਾ ਦੀ ਹਜ਼ੂਰੀ ਵਿਚ ਮਨੁੱਖ ਆਦਰ ਨਾਲ ਜਾਂਦਾ ਹੈ ॥੪॥
57515	1345	ਦਰਗਹ ਦਾਨਾ ਬੀਨਾ ਇਕੁ ਆਪੇ ਨਿਰਮਲ ਗੁਰ ਕੀ ਬਾਣੀ॥		Dharageh Dhaanaa Beenaa Eik Aapae Niramal Gur Kee Baanee ||	The Lord in His Court is Himself the Knower and Seer; the Word of the Guru's Bani is Immaculate.	ਸਤਿਗੁਰੂ ਦੀ ਪਵਿਤ੍ਰ-ਬਾਣੀ ਵਿਚ ਜੁੜਿਆਂ ਇਹ ਸਮਝ ਆਉਂਦੀ ਹੈ ਕਿ ਪਰਮਾਤਮਾ ਆਪ ਹੀ ਸਭ ਜੀਵਾਂ ਦੇ ਦਿਲ ਦੀ ਜਾਣਦਾ ਹੈ, ਆਪ ਹੀ ਸਭ ਦੇ ਕਰਮ ਵੇਖਦਾ ਹੈ,
57516	1345	ਆਪੇ ਸੁਰਤਾ ਸਚੁ ਵੀਚਾਰਸਿ ਆਪੇ ਬੂਝੈ ਪਦੁ ਨਿਰਬਾਣੀ॥੫॥	ਪਦੁ: ਪੋਲਾ ਬੋਲੋ	Aapae Surathaa Sach Veechaaras Aapae Boojhai Padh Nirabaanee ||5||	He Himself is the Awareness of Truth; He Himself understands the state of nirvaanaa. ||5||	ਸਦਾ-ਥਿਰ ਪ੍ਰਭੂ ਆਪ ਹੀ ਸਭ ਦੀਆਂ ਅਰਦਾਸਾਂ ਸੁਣਦਾ ਹੈ ਤੇ ਵਿਚਾਰਦਾ ਹੈ, ਆਪ ਹੀ ਜੀਵਾਂ ਦੀਆਂ ਲੋੜਾਂ ਸਮਝਦਾ ਹੈ, ਆਪ ਹੀ ਵਾਸਨਾ-ਰਹਿਤ ਆਤਮਕ ਅਵਸਥਾ ਦਾ ਮਾਲਕ ਹੈ ॥੫॥

57517	1345	ਜਲੁ ਤਰੰਗ ਅਗਨੀ ਪਵਨੈ ਫੁਨਿ ਤ੍ਰੈ ਮਿਲਿ ਜਗਤੁ ਉਪਾਇਆ॥	ਜੱਗਤੁ	Jal Tharang Aganee Pavanai Fun Thrai Mil Jagath Oupaaeiaa ||	He made the waves of water, the fire and the air, and then joined the three together to form the world.	ਗੁਰੂ ਦੀ ਰਾਹੀਂ ਇਹ ਸਮਝ ਆਉਂਦੀ ਹੈ ਕਿ ਪਰਮਾਤਮਾ ਨੇ ਆਪ ਹੀ ਪਾਣੀ ਅੱਗ ਹਵਾ (ਆਦਿਕ) ਤੱਤ ਪੈਦਾ ਕੀਤੇ, ਪ੍ਰਭੂ ਦੇ ਹੁਕਮ ਵਿਚ ਹੀ ਇਹਨਾਂ ਤਿੰਨਾਂ ਨੇ ਮਿਲ ਕੇ ਜਗਤ ਪੈਦਾ ਕੀਤਾ।
57518	1345	ਐਸਾ ਬਲੁ ਛਲੁ ਤਿਨ ਕਉ ਦੀਆ ਹੁਕਮੀ ਠਾਕਿ ਰਹਾਇਆ॥੬॥		Aisaa Bal Shhal Thin Ko Dheeaa Hukamee Thaak Rehaaeiaa ||6||	He blessed these elements with such power, that they remain subject to His Command. ||6||	ਪਰਮਾਤਮਾ ਨੇ ਇਹਨਾਂ ਤੱਤਾਂ ਨੂੰ ਬੇਅੰਤ ਤਾਕਤ ਦਿੱਤੀ ਹੋਈ ਹੈ, ਪਰ ਆਪਣੇ ਹੁਕਮ ਨਾਲ ਇਹਨਾਂ ਨੂੰ (ਬੇ-ਥਵ੍ਹੀ ਤਾਕਤ ਵਰਤਣ ਵਲੋਂ) ਰੋਕ ਭੀ ਰਖਿਆ ॥੬॥
57519	1345	ਐਸੇ ਜਨ ਵਿਰਲੇ ਜਗ ਅੰਦਰਿ ਪਰਖਿ ਖਜਾਨੈ ਪਾਇਆ॥		Aisae Jan Viralae Jag Andhar Parakh Khajaanai Paaeiaa ||	How rare are those humble beings in this world, whom the Lord tests and places in His Treasury.	ਜਗਤ ਵਿਚ ਅਜੇਹੇ ਬੰਦੇ ਵਿਰਲੇ ਹਨ ਜਿਨ੍ਹਾਂ ਦੇ ਜੀਵਨ ਨੂੰ ਪਰਖ ਕੇ (ਤੇ ਪਰਵਾਨ ਕਰ ਕੇ) ਪਰਮਾਤਮਾ ਨੇ ਆਪਣੇ ਖ਼ਜ਼ਾਨੇ ਵਿਚ ਪਾ ਲਿਆ,
57520	1345	ਜਾਤਿ ਵਰਨ ਤੇ ਭਏ ਅਤੀਤਾ ਮਮਤਾ ਲੋਭੁ ਚੁਕਾਇਆ॥੭॥		Jaath Varan Thae Bheae Atheethaa Mamathaa Lobh Chukaaeiaa ||7||	They rise above social status and color, and rid themselves of possessiveness and greed. ||7||	ਅਜੇਹੇ ਬੰਦੇ ਜਾਤਿ ਤੇ (ਬ੍ਰਾਹਮਣ ਖਤ੍ਰੀ ਆਦਿਕ) ਵਰਨ ਦੇ ਮਾਣ ਤੋਂ ਨਿਰਲੇਪ ਰਹਿੰਦੇ ਹਨ, ਤੇ ਮਾਇਆ ਦੀ ਮਮਤਾ ਤੇ ਮਾਇਆ ਦਾ ਲੋਭ ਦੂਰ ਕਰ ਲੈਂਦੇ ਹਨ ॥੭॥

57521	1345	ਨਾਮਿ ਰਤੇ ਤੀਰਥ ਸੇ ਨਿਰਮਲ ਦੁਖੁ ਹਉਮੈ ਮੈਲੁ ਚੁਕਾਇਆ॥		Naam Rathae Theerathh Sae Niramal Dhukh Houmai Mail Chukaaeiaa ||	Attuned to the Naam, the Name of the Lord, they are like immaculate sacred shrines; they are rid of the pain and pollution of egotism.	ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਹੋਏ ਬੰਦੇ ਅਸਲੀ ਪਵਿਤ੍ਰ ਤੀਰਥ ਹਨ, ਉਹਨਾਂ ਨੇ ਹਉਮੈ ਦਾ ਦੁੱਖ ਹਉਮੈ ਦੀ ਮੈਲ ਆਪਣੇ ਮਨ ਵਿਚੋਂ ਮੁਕਾ ਲਈ ਹੁੰਦੀ ਹੈ।
57522	1345	ਨਾਨਕੁ ਤਿਨ ਕੇ ਚਰਨ ਪਖਾਲੈ ਜਿਨਾ ਗੁਰਮੁਖਿ ਸਾਚਾ ਭਾਇਆ॥੮॥੭॥		Naanak Thin Kae Charan Pakhaalai Jinaa Guramukh Saachaa Bhaaeiaa ||8||7||	Nanak washes the feet of those who, as Gurmukh, love the True Lord. ||8||7||	ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਬੰਦਿਆਂ ਨੂੰ ਸਦਾ-ਥਿਰ ਰਹਿਣ ਵਾਲਾ ਪਰਮਾਤਮਾ ਪਿਆਰਾ ਲੱਗਦਾ ਹੈ ਮੈਂ ਉਹਨਾਂ ਦੇ ਚਰਨ ਧੋਂਦਾ ਹਾਂ ॥੮॥੭॥
57523	1346	ਪ੍ਰਭਾਤੀ ਮਹਲਾ ੩ ਬਿਭਾਸ		Prabhaathee Mehalaa 3 Bibhaasa	Prabhaatee, Third Mehl, Bibhaas:	ਰਾਗ ਪ੍ਰਭਾਤੀ/ਬਿਭਾਗ ਵਿੱਚ ਗੁਰੂ ਅਮਰਦਾਸ ਜੀ ਦੀ ਬਾਣੀ।
57524	1346	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
57525	1346	ਗੁਰ ਪਰਸਾਦੀ ਵੇਖੁ ਤੂ ਹਰਿਮੰਦਰੁ ਤੇਰੈ ਨਾਲਿ॥		Gur Parasaadhee Vaekh Thoo Har Mandhar Thaerai Naal ||	By Guru's Grace, see that the Temple of the Lord is within you.	ਤੂੰ ਗੁਰੂ ਦੀ ਕਿਰਪਾ ਨਾਲ ਵੇਖ, ਪਰਮਾਤਮਾ ਦਾ ਘਰ ਤੇਰੇ ਨਾਲ ਹੈ (ਤੇਰੇ ਅੰਦਰ ਹੀ ਹੈ।

57526	1346	ਹਰਿਮੰਦਰੁ ਸਬਦੇ ਖੋਜੀਐ ਹਰਿ ਨਾਮੋ ਲੇਹੁ ਸਮ੍ਹਾਲਿ॥੧॥		Har Mandhar Sabadhae Khojeeai Har Naamo Laehu Samhaal ||1||	The Temple of the Lord is found through the Word of the Shabad; contemplate the Lord's Name. ||1||	ਇਸ) 'ਹਰਿ ਮੰਦਰ' ਨੂੰ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਲੱਭਿਆ ਜਾ ਸਕਦਾ ਹੈ (ਗੁਰੂ ਦੇ ਸ਼ਬਦ ਵਿਚ ਜੁੜ, ਅਤੇ) ਪਰਮਾਤਮਾ ਦਾ ਨਾਮ ਆਪਣੇ ਅੰਦਰ ਸਾਂਭ ਕੇ ਰੱਖ ॥੧॥
57527	1346	ਮਨ ਮੇਰੇ ਸਬਦਿ ਰਪੈ ਰੰਗੁ ਹੋਇ॥		Man Maerae Sabadh Rapai Rang Hoe ||	O my mind, be joyfully attuned to the Shabad.	ਹੇ ਮੇਰੇ ਮਨ! (ਜਿਹੜਾ ਮਨੁੱਖ ਗੁਰੂ ਦੇ) ਸ਼ਬਦ ਵਿਚ ਰੰਗਿਆ ਜਾਂਦਾ ਹੈ (ਉਸ ਦੇ ਮਨ ਨੂੰ ਪਰਮਾਤਮਾ ਦੀ ਭਗਤੀ ਦਾ) ਰੰਗ ਚੜ੍ਹ ਜਾਂਦਾ ਹੈ।
57528	1346	ਸਚੀ ਭਗਤਿ ਸਚਾ ਹਰਿਮੰਦਰੁ ਪ੍ਰਗਟੀ ਸਾਚੀ ਸੋਇ॥੧॥ਰਹਾਉ॥		Sachee Bhagath Sachaa Har Mandhar Pragattee Saachee Soe ||1|| Rehaao ||	True is devotional worship, and True is the Temple of the Lord; True is His Manifest Glory. ||1||Pause||	ਉਸ ਨੂੰ ਸਦਾ-ਥਿਰ ਪ੍ਰਭੂ ਦੀ ਭਗਤੀ ਪ੍ਰਾਪਤ ਹੋ ਜਾਂਦੀ ਹੈ, ਉਸ ਦੀ ਸੋਭਾ ਸਦਾ ਲਈ (ਲੋਕ ਪਰਲੋਕ ਵਿਚ) ਖਿਲਰ ਜਾਂਦੀ ਹੈ। (ਉਸ ਮਨੁੱਖ ਦਾ ਸਰੀਰ) ਪਰਮਾਤਮਾ ਦਾ ਕਦੇ ਨਾਹ ਡੋਲਣ ਵਾਲਾ ਘਰ ਬਣ ਜਾਂਦਾ ਹੈ (ਉਸ ਦਾ ਸਰੀਰ ਅਜਿਹਾ 'ਹਰਿ ਮੰਦਰ' ਬਣ ਜਾਂਦਾ ਹੈ ਜਿਸ ਨੂੰ ਵਿਕਾਰਾਂ ਦਾ ਝੱਖੜ ਹਿਲਾ ਨਹੀਂ ਸਕਦਾ) ॥੧॥ ਰਹਾਉ ॥
57529	1346	ਹਰਿਮੰਦਰੁ ਏਹੁ ਸਰੀਰੁ ਹੈ ਗਿਆਨਿ ਰਤਨਿ ਪਰਗਟੁ ਹੋਇ॥		Har Mandhar Eaehu Sareer Hai Giaan Rathan Paragatt Hoe ||	This body is the Temple of the Lord, in which the jewel of spiritual wisdom is revealed.	(ਮਨੁੱਖ ਦਾ) ਇਹ ਸਰੀਰ 'ਹਰਿ-ਮੰਦਰ' ਹੈ (ਪਰ ਇਹ ਭੇਤ ਸਤਿਗੁਰੂ ਦੀ ਬਖ਼ਸ਼ੀ) ਆਤਮਕ ਜੀਵਨ ਦੀ ਕੀਮਤੀ ਸੂਝ ਦੀ ਰਾਹੀਂ ਖੁਲ੍ਹਦਾ ਹੈ।

57530	1346	ਮਨਮੁਖ ਮੂਲੁ ਨ ਜਾਣਨੀ ਮਾਣਸਿ ਹਰਿਮੰਦਰੁ ਨ ਹੋਇ ॥੨॥		Manamukh Mool N Jaananee Maanas Har Mandhar N Hoe ||2||	The self-willed manmukhs do not know anything at all; they do not believe that the Lord's Temple is within. ||2||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ (ਜਗਤ ਦੇ) ਮੂਲ (ਪਰਮਾਤਮਾ) ਨਾਲ ਸਾਂਝ ਨਹੀਂ ਪਾਂਦੇ (ਇਸ ਵਾਸਤੇ ਉਹ ਸਮਝਦੇ ਹਨ ਕਿ) ਮਨੁੱਖ ਦੇ ਅੰਦਰ 'ਹਰਿ-ਮੰਦਰ' ਨਹੀਂ ਹੋ ਸਕਦਾ ॥੨॥
57531	1346	ਹਰਿਮੰਦਰੁ ਹਰਿ ਜੀਉ ਸਾਜਿਆ ਰਖਿਆ ਹੁਕਮਿ ਸਵਾਰਿ॥		Har Mandhar Har Jeeo Saajiaa Rakhiaa Hukam Savaar ||	The Dear Lord created the Temple of the Lord; He adorns it by His Will.	(ਇਹ ਮਨੁੱਖਾ ਸਰੀਰ) 'ਹਰਿ-ਮੰਦਰ' ਪ੍ਰਭੂ ਜੀ ਨੇ ਆਪ ਬਣਾਇਆ ਹੈ (ਅਤੇ ਆਪਣੇ) ਹੁਕਮ ਨਾਲ ਸਜਾ ਰੱਖਿਆ ਹੈ।
57532	1346	ਧੁਰਿ ਲੇਖੁ ਲਿਖਿਆ ਸੁ ਕਮਾਵਣਾ ਕੋਇ ਨ ਮੇਟਣਹਾਰੁ॥੩॥		Dhhur Laekh Likhiaa S Kamaavanaa Koe N Maettanehaar ||3||	All act according to their pre-ordained destiny; no one can erase it. ||3||	ਧੁਰ ਦਰਗਾਹ ਤੋਂ (ਹਰੇਕ ਮਨੁੱਖ ਦੇ ਕੀਤੇ ਕਰਮਾਂ ਅਨੁਸਾਰ ਜਿਹੜਾ) ਲੇਖ (ਹਰੇਕ ਸਰੀਰ-ਹਰਿ-ਮੰਦਰ ਵਿਚ) ਲਿਖਿਆ ਜਾਂਦਾ ਹੈ ਉਸ ਲੇਖ ਅਨੁਸਾਰ ਹਰੇਕ ਪ੍ਰਾਣੀ ਨੂੰ ਤੁਰਨਾ ਪੈਂਦਾ ਹੈ। ਕੋਈ ਮਨੁੱਖ (ਆਪਣੇ ਕਿਸੇ ਉੱਦਮ ਨਾਲ ਉਸ ਲੇਖ ਨੂੰ) ਮਿਟਾਣ ਜੋਗਾ ਨਹੀਂ ਹੈ ॥੩॥

57533	1346	ਸਬਦੁ ਚੀਨ੍ਹਿ ਸੁਖੁ ਪਾਇਆ ਸਚੈ ਨਾਇ ਪਿਆਰ॥		Sabadh Cheenih Sukh Paaeiaa Sachai Naae Piaar ||	Contemplating the Shabad, peace is obtained, loving the True Name.	(ਗੁਰੂ ਦੇ ਸ਼ਬਦ ਦੀ ਰਾਹੀਂ) ਸਦਾ-ਥਿਰ ਹਰਿ-ਨਾਮ ਵਿਚ (ਜਿਸ ਮਨੁੱਖ ਨੇ) ਪਿਆਰ ਪਾਇਆ, ਉਸ ਨੇ ਗੁਰੂ ਦੇ ਸ਼ਬਦ ਨਾਲ ਸਾਂਝ ਪਾ ਕੇ ਆਤਮਕ ਆਨੰਦ ਪ੍ਰਾਪਤ ਕੀਤਾ।
57534	1346	ਹਰਿਮੰਦਰੁ ਸਬਦੇ ਸੋਹਣਾ ਕੰਚਨੁ ਕੋਟੁ ਅਪਾਰ॥੪॥		Har Mandhar Sabadhae Sohanaa Kanchan Kott Apaar ||4||	The Temple of the Lord is embellished with the Shabad; it is an Infinite Fortress of God. ||4||	(ਉਸ ਮਨੁੱਖ ਦਾ ਸਰੀਰ-) ਹਰਿ-ਮੰਦਰ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਸੋਹਣਾ ਬਣ ਗਿਆ, (ਉਹ ਹਰਿ-ਮੰਦਰ) ਬੇਅੰਤ ਪ੍ਰਭੂ (ਦੇ ਨਿਵਾਸ) ਵਾਸਤੇ (ਮਾਨੋ) ਸੋਨੇ ਦਾ ਕਿਲ੍ਹਾ ਬਣ ਗਿਆ ॥੪॥
57535	1346	ਹਰਿਮੰਦਰੁ ਏਹੁ ਜਗਤੁ ਹੈ ਗੁਰ ਬਿਨੁ ਘੋਰੰਧਾਰ॥	ਜੱਗਤੁ। ਘੋਰੰ-ਧਾਰ	Har Mandhar Eaehu Jagath Hai Gur Bin Ghorandhhaar ||	This world is the Temple of the Lord; without the Guru, there is only pitch darkness.	ਇਹ ਸਾਰਾ ਸੰਸਾਰ ਭੀ 'ਹਰਿ-ਮੰਦਰ' ਹੀ ਹੈ (ਪਰਮਾਤਮਾ ਦੇ ਰਹਿਣ ਦਾ ਘਰ ਹੈ)। ਪਰ ਗੁਰੂ (ਦੀ ਸਰਨ) ਤੋਂ ਬਿਨਾ (ਆਤਮਕ ਜੀਵਨ ਵਲੋਂ) ਘੁੱਪ ਹਨੇਰਾ ਬਣਿਆ ਰਹਿੰਦਾ ਹੈ (ਤੇ, ਜੀਵਾਂ ਨੂੰ ਇਸ ਭੇਤ ਦੀ ਸਮਝ ਨਹੀਂ ਪੈਂਦੀ)।
57536	1346	ਦੂਜਾ ਭਾਉ ਕਰਿ ਪੂਜਦੇ ਮਨਮੁਖ ਅੰਧ ਗਵਾਰ ॥੫॥		Dhoojaa Bhaao Kar Poojadhae Manamukh Andhh Gavaar ||5||	The blind and foolish self-willed manmukhs worship in the love of duality. ||5||	ਆਪਣੇ ਮਨ ਦੇ ਪਿਛੇ ਤੁਰਨ ਵਾਲੇ ਮਨੁੱਖ, ਆਤਮਕ ਜੀਵਨ ਵਲੋਂ ਅੰਨ੍ਹੇ ਹੋਏ ਹੋਏ ਮੂਰਖ ਮਨੁੱਖ (ਪਰਮਾਤਮਾ ਤੋਂ ਬਿਨਾ) ਹੋਰ ਨਾਲ ਪਿਆਰ ਪਾ ਕੇ ਉਸ ਨੂੰ ਪੂਜਦੇ-ਸਤਕਾਰਦੇ ਰਹਿੰਦੇ ਹਨ ॥੫॥

57537	1346	ਜਿਥੈ ਲੇਖਾ ਮੰਗੀਐ ਤਿਥੈ ਦੇਹ ਜਾਤਿ ਨ ਜਾਇ॥		Jithhai Laekhaa Mangeeai Thithhai Dhaeh Jaath N Jaae ||	One's body and social status do not go along to that place, where all are called to account.	ਜਿੱਥੇ (ਪਰਮਾਤਮਾ ਦੀ ਦਰਗਾਹ ਵਿਚ ਮਨੁੱਖ ਪਾਸੋਂ ਉਸ ਦੇ ਕੀਤੇ ਕਰਮਾਂ ਦਾ) ਹਿਸਾਬ ਮੰਗਿਆ ਜਾਂਦਾ ਹੈ ਉਥੇ (ਮਨੁੱਖ ਦੇ ਨਾਲ) ਨਾਹ (ਇਹ) ਸਰੀਰ ਜਾਂਦਾ ਹੈ ਨਾਹ (ਉੱਚੀ ਨੀਵੀਂ) ਜਾਤਿ ਜਾਂਦੀ ਹੈ।
57538	1346	ਸਾਚਿ ਰਤੇ ਸੇ ਉਬਰੇ ਦੁਖੀਏ ਦੂਜੈ ਭਾਇ॥੬॥		Saach Rathae Sae Oubarae Dhukheeeae Dhoojai Bhaae ||6||	Those who are attuned to Truth are saved; those in the love of duality are miserable. ||6||	(ਜਿਹੜੇ ਮਨੁੱਖ) ਸਦਾ-ਥਿਰ ਹਰਿ-ਨਾਮ ਵਿਚ ਰੰਗੇ ਰਹਿੰਦੇ ਹਨ, ਉਹ (ਉਥੇ ਲੇਖਾ ਹੋਣ ਸਮੇ) ਸੁਰਖ਼ਰੂ ਹੋ ਜਾਂਦੇ ਹਨ, (ਜਿਹੜੇ) ਮਾਇਆ ਦੇ ਪਿਆਰ ਵਿਚ (ਹੀ ਜ਼ਿੰਦਗੀ ਦੇ ਦਿਨ ਗੁਜ਼ਾਰ ਜਾਂਦੇ ਹਨ, ਉਹ ਉਥੇ) ਦੁਖੀ ਹੁੰਦੇ ਹਨ ॥੬॥
57539	1346	ਹਰਿਮੰਦਰ ਮਹਿ ਨਾਮੁ ਨਿਧਾਨੁ ਹੈ ਨਾ ਬੂਝਹਿ ਮੁਗਧ ਗਵਾਰ॥		Har Mandhar Mehi Naam Nidhhaan Hai Naa Boojhehi Mugadhh Gavaar ||	The treasure of the Naam is within the Temple of the Lord. The idiotic fools do not realize this.	(ਇਸ ਸਰੀਰ-) 'ਹਰਿ-ਮੰਦਰ' ਵਿਚ ਪਰਮਾਤਮਾ ਦਾ ਨਾਮ (ਮਨੁੱਖ ਵਾਸਤੇ) ਖ਼ਜ਼ਾਨਾ ਹੈ, ਪਰ ਮੂਰਖ ਬੰਦੇ (ਇਹ ਗੱਲ) ਨਹੀਂ ਸਮਝਦੇ।
57540	1346	ਗੁਰ ਪਰਸਾਦੀ ਚੀਨ੍ਹਿਆ ਹਰਿ ਰਾਖਿਆ ਉਰਿ ਧਾਰਿ॥੭॥		Gur Parasaadhee Cheenihaaa Har Raakhiaa Our Dhhaar ||7||	By Guru's Grace, I have realized this. I keep the Lord enshrined within my heart. ||7||	ਜਿਨ੍ਹਾਂ ਨੇ ਗੁਰੂ ਦੀ ਕਿਰਪਾ ਨਾਲ (ਇਹ ਭੇਤ) ਸਮਝ ਲਿਆ, ਉਹਨਾਂ ਨੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਸਾਂਭ ਕੇ ਰੱਖ ਲਿਆ ॥੭॥

57541	1346	ਗੁਰ ਕੀ ਬਾਣੀ ਗੁਰ ਤੇ ਜਾਤੀ ਜਿ ਸਬਦਿ ਰਤੇ ਰੰਗੁ ਲਾਇ॥		Gur Kee Baanee Gur Thae Jaathee J Sabadh Rathae Rang Laae ||	Those who are attuned to the love of the Shabad know the Guru, through the Word of the Guru's Bani.	ਜਿਹੜੇ ਮਨੁੱਖ (ਗੁਰੂ ਦੀ ਰਾਹੀਂ ਪਰਮਾਤਮਾ ਨਾਲ) ਪਿਆਰ ਬਣਾ ਕੇ ਗੁਰੂ ਦੇ ਸ਼ਬਦ ਵਿਚ ਰੰਗੇ ਰਹਿੰਦੇ ਹਨ, ਉਹ ਮਨੁੱਖ ਗੁਰੂ ਪਾਸੋਂ ਗੁਰੂ ਦੀ ਬਾਣੀ (ਦੀ ਕਦਰ) ਸਮਝ ਲੈਂਦੇ ਹਨ।
57542	1346	ਪਵਿਤੁ ਪਾਵਨ ਸੇ ਜਨ ਨਿਰਮਲ ਹਰਿ ਕੈ ਨਾਮਿ ਸਮਾਇ॥੮॥		Pavith Paavan Sae Jan Niramal Har Kai Naam Samaae ||8||	Sacred, pure and immaculate are those humble beings who are absorbed in the Name of the Lord. ||8||	ਉਹ ਮਨੁੱਖ ਪਰਮਾਤਮਾ ਦੇ ਨਾਮ ਵਿਚ ਲੀਨ ਰਹਿ ਕੇ ਸੁੱਚੇ ਪਵਿੱਤਰ ਜੀਵਨ ਵਾਲੇ ਬਣ ਜਾਂਦੇ ਹਨ ॥੮॥
57543	1346	ਹਰਿਮੰਦਰੁ ਹਰਿ ਕਾ ਹਾਟੁ ਹੈ ਰਖਿਆ ਸਬਦਿ ਸਵਾਰਿ॥		Har Mandhar Har Kaa Haatt Hai Rakhiaa Sabadh Savaar ||	The Temple of the Lord is the Lord's Shop; He embellishes it with the Word of His Shabad.	(ਇਹ ਮਨੁੱਖਾ ਸਰੀਰ) 'ਹਰਿ-ਮੰਦਰ' ਪਰਮਾਤਮਾ (ਦੇ ਨਾਮ-ਵੱਖਰ) ਦਾ ਹੱਟ ਹੈ, ਇਸ (ਹੱਟ) ਨੂੰ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਸਜਾ ਕੇ ਰੱਖਿਆ ਜਾ ਸਕਦਾ ਹੈ।
57544	1346	ਤਿਸੁ ਵਿਚਿ ਸਉਦਾ ਏਕੁ ਨਾਮੁ ਗੁਰਮੁਖਿ ਲੈਨਿ ਸਵਾਰਿ॥੯॥	ਨਿਸਵਾਰਿ ਪਾਠ ਨ ਕਰੋ	This Vich Soudhaa Eaek Naam Guramukh Lain Savaar ||9||	In that shop is the merchandise of the One Name; the Gurmukhs adorn themselves with it. ||9||	ਇਸ (ਸਰੀਰ ਹੱਟ) ਵਿਚ ਪਰਮਾਤਮਾ ਦਾ ਨਾਮ-ਸੌਦਾ (ਮਿਲ ਸਕਦਾ) ਹੈ। (ਪਰ ਸਿਰਫ਼) ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ (ਹੀ ਆਪਣੇ ਜੀਵਨ ਨੂੰ) ਸੋਹਣਾ ਬਣਾ ਕੇ (ਇਹ ਸੌਦਾ) ਲੈਂਦੇ ਹਨ ॥੯॥

57545	1346	ਹਰਿਮੰਦਰ ਮਹਿ ਮਨੁ ਲੋਹਟੁ ਹੈ ਮੋਹਿਆ ਦੂਜੈ ਭਾਇ॥	(ਹਰਿਮੰਦਰ) ਸ੍ਰੀਰ। (ਲੋਹਟੁ) ਲੋਹੇ ਦੀ ਮੈਲ਼ ਮਨੂਰ ਦਾ ਟੁਕੜਾ। (ਮੋਹਿਆ) ਠੱਗਿਆ	Har Mandhar Mehi Man Lohatt Hai Mohiaa Dhoojai Bhaae ||	The mind is like iron slag, within the Temple of the Lord; it is lured by the love of duality.	(ਜਿਹੜਾ ਮਨੁੱਖ) ਮਾਇਆ ਦੇ ਮੋਹ ਵਿਚ (ਫਸ ਕੇ ਆਤਮਕ ਜੀਵਨ ਦੀ ਰਾਸਿ-ਪੂੰਜੀ) ਲੁਟਾ ਬੈਠਦਾ ਹੈ, (ਉਸ ਦਾ) ਮਨ (ਇਸ ਸਰੀਰ-) ਹਰਿ-ਮੰਦਰ ਵਿਚ ਲੋਹਾ (ਹੀ ਬਣਿਆ ਰਹਿੰਦਾ) ਹੈ।
57546	1346	ਪਾਰਸਿ ਭੇਟਿਐ ਕੰਚਨੁ ਭਇਆ ਕੀਮਤਿ ਕਹੀ ਨ ਜਾਇ॥੧੦॥		Paaras Bhaettiai Kanchan Bhaeiaa Keemath Kehee N Jaae ||10||	Meeting with the Guru, the Philosopher's Stone, the mind is transformed into gold. Its value cannot be described. ||10||	(ਪਰ, ਹਾਂ) ਜੇ ਗੁਰੂ-ਪਾਰਸ ਮਿਲ ਪਏ (ਤਾਂ ਲੋਹੇ ਵਰਗਾ ਨਿਕੰਮਾ ਬਣਿਆ ਉਸ ਦਾ ਮਨ) ਸੋਨਾ ਹੋ ਜਾਂਦਾ ਹੈ (ਫਿਰ ਉਹ ਇਤਨੇ ਉੱਚੇ ਜੀਵਨ ਵਾਲਾ ਹੋ ਜਾਂਦਾ ਹੈ ਕਿ ਉਸ ਦਾ) ਮੁੱਲ ਨਹੀਂ ਦੱਸਿਆ ਜਾ ਸਕਦਾ ॥੧੦॥
57547	1346	ਹਰਿਮੰਦਰ ਮਹਿ ਹਰਿ ਵਸੈ ਸਰਬ ਨਿਰੰਤਰਿ ਸੋਇ॥		Har Mandhar Mehi Har Vasai Sarab Niranthar Soe ||	The Lord abides within the Temple of the Lord. He is pervading in all.	(ਇਸ ਸਰੀਰ-) 'ਹਰਿ-ਮੰਦਰ' ਵਿਚ ਪਰਮਾਤਮਾ (ਆਪ) ਵੱਸਦਾ ਹੈ, ਉਹ ਪਰਮਾਤਮਾ ਸਭ ਜੀਵਾਂ ਵਿਚ ਹੀ ਇਕ-ਰਸ ਵੱਸ ਰਿਹਾ ਹੈ।
57548	1346	ਨਾਨਕ ਗੁਰਮੁਖਿ ਵਣਜੀਐ ਸਚਾ ਸਉਦਾ ਹੋਇ॥੧੧॥੧॥		Naanak Guramukh Vanajeeai Sachaa Soudhaa Hoe ||11||1||	O Nanak, the Gurmukhs trade in the merchandise of Truth. ||11||1||	ਹੇ ਨਾਨਕ! (ਸਰਬ-ਨਿਵਾਸੀ ਪ੍ਰਭੂ ਦੇ ਨਾਮ ਦਾ ਸੌਦਾ) ਗੁਰੂ ਦੀ ਰਾਹੀਂ ਵਣਜਿਆ ਜਾ ਸਕਦਾ ਹੈ। ਇਹ ਸੌਦਾ ਸਦਾ ਕਾਇਮ ਰਹਿਣ ਵਾਲਾ ਸੌਦਾ ਹੈ ॥੧੧॥੧॥
57549	1346	ਪ੍ਰਭਾਤੀ ਮਹਲਾ ੩॥		Prabhaathee Mehalaa 3 ||	Prabhaatee, Third Mehl:	

57550	1346	ਭੈ ਭਾਇ ਜਾਗੇ ਸੇ ਜਨ ਜਾਗ੍ਰਣ ਕਰਹਿ ਹਉਮੈ ਮੈਲੁ ਉਤਾਰਿ॥		Bhai Bhaae Jaagae Sae Jan Jaagran Karehi Houmai Mail Outhaar ||	Those who remain awake and aware in the Love and Fear of God, rid themselves of the filth and pollution of egotism.	ਜਿਹੜੇ ਮਨੁੱਖ ਪਰਮਾਤਮਾ ਦੇ ਡਰ-ਅਦਬ ਵਿਚ ਰਹਿ ਕੇ ਪਰਮਾਤਮਾ ਦੇ ਪਿਆਰ ਵਿਚ ਟਿਕ ਕੇ (ਕਾਮਾਦਿਕ ਵਿਕਾਰਾਂ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੇ ਹਨ, ਉਹ ਬੰਦੇ ਹੀ (ਆਪਣੇ ਮਨ ਤੋਂ) ਹਉਮੈ ਦੀ ਮੈਲ ਲਾਹ ਕੇ (ਅਸਲ) ਜਾਗਰੇ ਕਰਦੇ ਹਨ।
57551	1346	ਸਦਾ ਜਾਗਹਿ ਘਰੁ ਅਪਣਾ ਰਾਖਹਿ ਪੰਚ ਤਸਕਰ ਕਾਢਹਿ ਮਾਰਿ॥੧॥		Sadhaa Jaagehi Ghar Apanaa Raakhehi Panch Thasakar Kaadtehi Maar ||1||	They remain awake and aware forever, and protect their homes, by beating and driving out the five thieves. ||1||	(ਅਜਿਹੇ ਮਨੁੱਖ) ਸਦਾ ਸੁਚੇਤ ਰਹਿੰਦੇ ਹਨ, ਆਪਣਾ ਹਿਰਦਾ-ਘਰ (ਵਿਕਾਰ ਦੀ ਮਾਰ ਤੋਂ) ਬਚਾ ਰੱਖਦੇ ਹਨ (ਇਹਨਾਂ ਕਾਮਾਦਕਿ) ਪੰਜ ਚੋਰਾਂ ਨੂੰ (ਆਪਣੇ ਅੰਦਰੋਂ) ਮਾਰ ਕੇ ਕੱਢ ਦੇਂਦੇ ਹਨ ॥੧॥
57552	1346	ਮਨ ਮੇਰੇ ਗੁਰਮੁਖਿ ਨਾਮੁ ਧਿਆਇ॥		Man Maerae Guramukh Naam Dhhiaae ||	O my mind, as Gurmukh, meditate on the Naam, the Name of the Lord.	ਹੇ ਮੇਰੇ ਮਨ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਿਮਰਿਆ ਕਰ।
57553	1346	ਜਿਤੁ ਮਾਰਗਿ ਹਰਿ ਪਾਈਐ ਮਨ ਸੇਈ ਕਰਮ ਕਮਾਇ॥੧॥ਰਹਾਉ॥		Jith Maarag Har Paaeeai Man Saeee Karam Kamaae ||1|| Rehaao ||	O mind, do only those deeds which will lead you to the Path of the Lord. ||1||Pause||	ਹੇ ਮਨ! (ਹੋਰ ਹੋਰ ਪੂਜਾ ਦੇ ਕਰਮ ਛੱਡ ਕੇ) ਉਹੀ ਕਰਮ ਕਰਿਆ ਕਰ, ਜਿਸ ਰਸਤੇ ਪਿਆਂ ਪਰਮਾਤਮਾ ਦਾ ਮਿਲਾਪ ਹੋ ਸਕੇ ॥੧॥ ਰਹਾਉ ॥

57554	1346	ਗੁਰਮੁਖਿ ਸਹਜ ਧੁਨਿ ਉਪਜੈ ਦੁਖੁ ਹਉਮੈ ਵਿਚਹੁ ਜਾਇ॥		Guramukh Sehaj Dhhun Oopajai Dhukh Houmai Vichahu Jaae ||	The celestial melody wells up in the Gurmukh, and the pains of egotism are taken away.	ਗੁਰੂ ਦੀ ਸਰਨ ਪਿਆਂ (ਮਨੁੱਖ ਦੇ ਅੰਦਰ) ਆਤਮਕ ਅਡੋਲਤਾ ਦੀ ਰੌ ਚੱਲ ਪੈਂਦੀ ਹੈ (ਮਨੁੱਖ ਦੇ ਅੰਦਰੋਂ) ਹਉਮੈ ਦਾ ਦੁੱਖ ਦੂਰ ਹੋ ਜਾਂਦਾ ਹੈ।
57555	1346	ਹਰਿ ਨਾਮਾ ਹਰਿ ਮਨਿ ਵਸੈ ਸਹਜੇ ਹਰਿ ਗੁਣ ਗਾਇ॥੨॥		Har Naamaa Har Man Vasai Sehajae Har Gun Gaae ||2||	The Name of the Lord abides in the mind, as one intuitively sings the Glorious Praises of the Lord. ||2||	ਆਤਮਕ ਅਡੋਲਤਾ ਵਿਚ ਪਰਮਾਤਮਾ ਦੇ ਗੁਣ ਗਾ ਗਾ ਕੇ ਪਰਮਾਤਮਾ ਦਾ ਨਾਮ ਸਦਾ ਲਈ (ਮਨੁੱਖ ਦੇ) ਮਨ ਵਿਚ ਆ ਵੱਸਦਾ ਹੈ ॥੨॥
57556	1346	ਗੁਰਮਤੀ ਮੁਖ ਸੋਹਣੇ ਹਰਿ ਰਾਖਿਆ ਉਰਿ ਧਾਰਿ॥		Guramathee Mukh Sohanae Har Raakhiaa Our Dhhaar ||	Those who follow the Guru's Teachings - their faces are radiant and beautiful. They keep the Lord enshrined in their hearts.	ਗੁਰੂ ਦੀ ਮੱਤ ਉੱਤੇ ਤੁਰ ਕੇ (ਜਿਨ੍ਹਾਂ ਮਨੁੱਖਾਂ ਨੇ) ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾ ਲਿਆ, ਉਹਨਾਂ ਦੇ ਮੂੰਹ (ਲੋਕ ਪਰਲੋਕ ਵਿਚ) ਸੋਹਣੇ ਹੋ ਜਾਂਦੇ ਹਨ।
57557	1346	ਐਥੈ ਓਥੈ ਸੁਖੁ ਘਣਾ ਜਪਿ ਹਰਿ ਹਰਿ ਉਤਰੇ ਪਾਰਿ॥੩॥		Aithhai Outhhai Sukh Ghanaa Jap Har Har Outharae Paar ||3||	Here and hereafter, they find absolute peace; chanting the Name of the Lord, Har, Har, they are carried across to the other shore. ||3||	(ਉਹਨਾਂ ਨੂੰ) ਇਸ ਲੋਕ ਅਤੇ ਪਰਲੋਕ ਵਿਚ ਬਹੁਤ ਆਨੰਦ ਮਿਲਦਾ ਹੈ, ਪਰਮਾਤਮਾ ਦਾ ਨਾਮ ਸਦਾ ਜਪ ਕੇ ਉਹ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ ॥੩॥

57558	1347	ਹਉਮੈ ਵਿਚਿ ਜਾਗ੍ਰਣੁ ਨ ਹੋਵਈ ਹਰਿ ਭਗਤਿ ਨ ਪਵਈ ਥਾਇ॥	ਪਵ-ਈ	Houmai Vich Jaagran N Hovee Har Bhagath N Pavee Thhaae ||	In egotism, one cannot remain awake and aware, and one's devotional worship of the Lord is not accepted.	ਹਉਮੈ ਵਿਚ ਫਸੇ ਰਿਹਾਂ (ਵਿਕਾਰਾਂ ਵਲੋਂ) ਜਾਗਰਾ ਨਹੀਂ ਹੋ ਸਕਦਾ, (ਹਉਮੈ ਵਿਚ ਟਿਕੇ ਰਹਿ ਕੇ ਕੀਤੀ ਹੋਈ) ਪਰਮਾਤਮਾ ਦੀ ਭਗਤੀ (ਭੀ) ਕਬੂਲ ਨਹੀਂ ਹੁੰਦੀ।
57559	1347	ਮਨਮੁਖ ਦਰਿ ਢੋਈ ਨਾ ਲਹਹਿ ਭਾਇ ਦੂਜੈ ਕਰਮ ਕਮਾਇ॥੪॥		Manamukh Dhar Dtoee Naa Lehehi Bhaae Dhoojai Karam Kamaae ||4||	The self-willed manmukhs find no place in the Court of the Lord; they do their deeds in the love of duality. ||4||	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਪ੍ਰਭੂ ਤੋਂ ਬਿਨਾ) ਹੋਰ ਹੋਰ ਦੇ ਪਿਆਰ ਵਿਚ ਕਰਮ ਕਰ ਕੇ ਪਰਮਾਤਮਾ ਦੇ ਦਰ ਤੇ ਆਸਰਾ ਨਹੀਂ ਲੱਭ ਸਕਦੇ ॥੪॥
57560	1347	ਧ੍ਰਿਗੁ ਖਾਣਾ ਧ੍ਰਿਗੁ ਪੈਨ੍ਹਣਾ ਜਿਨ੍ਹਾ ਦੂਜੈ ਭਾਇ ਪਿਆਰੁ॥		Dhhrig Khaanaa Dhhrig Painhanaa Jinhaa Dhoojai Bhaae Piaar ||	Cursed is the food, and cursed are the clothes, of those who are attached to the love of duality.	ਜਿਨ੍ਹਾਂ ਮਨੁੱਖਾਂ ਦੀ ਲਗਨ ਮਾਇਆ ਦੇ ਮੋਹ ਵਿਚ ਟਿਕੀ ਰਹਿੰਦੀ ਹੈ, (ਉਹਨਾਂ ਦਾ ਚੰਗੇ ਚੰਗੇ ਪਦਾਰਥ) ਖਾਣਾ ਹੰਢਾਣਾ (ਭੀ ਉਹਨਾਂ ਵਾਸਤੇ) ਫਿਟਕਾਰ-ਜੋਗ (ਜੀਵਨ ਹੀ ਬਣਾਂਦਾ) ਹੈ।
57561	1347	ਬਿਸਟਾ ਕੇ ਕੀੜੇ ਬਿਸਟਾ ਰਾਤੇ ਮਰਿ ਜੰਮਹਿ ਹੋਹਿ ਖੁਆਰੁ॥੫॥		Bisattaa Kae Keerrae Bisattaa Raathae Mar Janmehi Hohi Khuaar ||5||	They are like maggots in manure, sinking into manure. In death and rebirth, they are wasted away to ruin. ||5||	(ਜਿਵੇਂ) ਗੂੰਹ ਦੇ ਕੀੜੇ ਗੂੰਹ ਵਿਚ ਹੀ ਮਸਤ ਰਹਿੰਦੇ ਹਨ (ਤਿਵੇਂ ਮਾਇਆ ਦੇ ਮੋਹ ਵਿਚ ਫਸੇ ਮਨੁੱਖ ਭੀ ਵਿਕਾਰਾਂ ਦੇ ਗੰਦ ਵਿਚ ਹੀ ਪਏ ਰਹਿੰਦੇ ਹਨ, ਉਹ) ਜਨਮ ਮਰਨ ਦੇ ਗੇੜ ਵਿਚ ਫਸੇ ਰਹਿੰਦੇ ਹਨ ਅਤੇ ਦੁਖੀ ਹੁੰਦੇ ਰਹਿੰਦੇ ਹਨ ॥੫॥

57562	1347	ਜਿਨ ਕਉ ਸਤਿਗੁਰੁ ਭੇਟਿਆ ਤਿਨਾ ਵਿਟਹੁ ਬਲਿ ਜਾਉ॥		Jin Ko Sathigur Bhaettiaa Thinaa Vittahu Bal Jaao ||	I am a sacrifice to those who meet with the True Guru.	ਜਿਨ੍ਹਾਂ (ਵਡ-ਭਾਗੀਆਂ) ਨੂੰ ਗੁਰੂ ਮਿਲ ਪੈਂਦਾ ਹੈ, ਮੈਂ ਉਹਨਾਂ ਤੋਂ ਸਦਕੇ ਜਾਂਦਾ ਹਾਂ।
57563	1347	ਤਿਨ ਕੀ ਸੰਗਤਿ ਮਿਲਿ ਰਹਾਂ ਸਚੇ ਸਚਿ ਸਮਾਉ॥੬॥		Thin Kee Sangath Mil Rehaan Sachae Sach Samaao ||6||	I shall continue to associate with them; devoted to Truth, I am absorbed in Truth. ||6||	(ਮੇਰੀ ਤਾਂਘ ਹੈ ਕਿ) ਮੈਂ ਉਹਨਾਂ ਦੀ ਸੰਗਤ ਵਿਚ ਟਿਕਿਆ ਰਹਾਂ (ਅਤੇ ਇਸ ਤਰ੍ਹਾਂ) ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਲੀਨ ਰਹਾਂ ॥੬॥
57564	1347	ਪੂਰੈ ਭਾਗਿ ਗੁਰੁ ਪਾਈਐ ਉਪਾਇ ਕਿਤੈ ਨ ਪਾਇਆ ਜਾਇ॥		Poorai Bhaag Gur Paaeeai Oupaae Kithai N Paaeiaa Jaae ||	By perfect destiny, the Guru is found. He cannot be found by any efforts.	ਪਰ, ਗੁਰੂ ਵੱਡੀ ਕਿਸਮਤ ਨਾਲ (ਹੀ) ਮਿਲਦਾ ਹੈ, ਕਿਸੇ ਭੀ (ਹੋਰ) ਹੀਲੇ ਨਾਲ ਨਹੀਂ ਲਭਿਆ ਜਾ ਸਕਦਾ।
57565	1347	ਸਤਿਗੁਰ ਤੇ ਸਹਜੁ ਊਪਜੈ ਹਉਮੈ ਸਬਦਿ ਜਲਾਇ॥੭॥		Sathigur Thae Sehaj Oopajai Houmai Sabadh Jalaae ||7||	Through the True Guru, intuitive wisdom wells up; through the Word of the Shabad, egotism is burnt away. ||7||	(ਜੇ ਗੁਰੂ ਮਿਲ ਪਏ, ਤਾਂ) ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਅੰਦਰੋਂ) ਹਉਮੈ ਸਾੜ ਕੇ ਗੁਰੂ ਦੀ ਰਾਹੀਂ (ਅੰਦਰ) ਆਤਮਕ ਅਡੋਲਤਾ ਪੈਦਾ ਹੋ ਜਾਂਦੀ ਹੈ ॥੭॥
57566	1347	ਹਰਿ ਸਰਣਾਈ ਭਜੁ ਮਨ ਮੇਰੇ ਸਭ ਕਿਛੁ ਕਰਣੈ ਜੋਗੁ॥	ਭਜੁ:ਪੋਲਾ ਬੋਲੋ। (ਭਜੁ) ਭਜਨ ਕਰ	Har Saranaaee Bhaj Man Maerae Sabh Kishh Karanai Jog ||	O my mind, hurry to the Sanctuary of the Lord; He is Potent to do everything.	ਹੇ ਮੇਰੇ ਮਨ! (ਗੁਰੂ ਦੀ ਰਾਹੀਂ) ਪਰਮਾਤਮਾ ਦੀ ਸਰਨ ਪਿਆ ਰਹੁ। ਪਰਮਾਤਮਾ ਸਭ ਕੁਝ ਕਰਨ ਦੀ ਸਮਰਥਾ ਵਾਲਾ ਹੈ।

57567	1347	ਨਾਨਕ ਨਾਮੁ ਨ ਵੀਸਰੈ ਜੋ ਕਿਛੁ ਕਰੈ ਸੁ ਹੋਗੁ॥੮॥੨॥੭॥੨॥੯॥		Naanak Naam N Veesarai Jo Kishh Karai S Hog ||8||2||7||2||9||	O Nanak, never forget the Naam, the Name of the Lord. Whatever He does, comes to pass. ||8||2||7||2||9||	ਹੇ ਨਾਨਕ! (ਤੂੰ ਸਦਾ ਅਰਦਾਸ ਕਰਦਾ ਰਹੁ ਕਿ ਪਰਮਾਤਮਾ ਦਾ) ਨਾਮ ਨਾਹ ਭੁੱਲ ਜਾਏ, ਹੋਵੇਗਾ ਉਹੀ ਕੁਝ ਜੋ ਉਹ ਆਪ ਕਰਦਾ ਹੈ (ਭਾਵ, ਉਸ ਦਾ ਨਾਮ ਉਸ ਦੀ ਮਿਹਰ ਨਾਲ ਹੀ ਮਿਲੇਗਾ) ॥੮॥੨॥੭॥੨॥੯॥
57568	1347	ਬਿਭਾਸ ਪ੍ਰਭਾਤੀ ਮਹਲਾ ੫ ਅਸਟਪਦੀਆ	ਅਸਟਪਦੀਆਂ: ਸ ਪੈਰ ਬਿੰਦੀ ਨ ਲਾਉ	Bibhaas Prabhaathee Mehalaa 5 Asattapadheeaa	Bibhaas, Prabhaatee, Fifth Mehl, Ashtapadees:	ਰਾਗ ਪ੍ਰਭਾਤੀ/ਬਿਭਾਗ ਵਿੱਚ ਗੁਰੂ ਅਰਜਨਦੇਵ ਜੀ ਦੀ ਅੱਠ-ਬੰਦਾਂ ਵਾਲੀ ਬਾਣੀ।
57569	1347	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
57570	1347	ਮਾਤ ਪਿਤਾ ਭਾਈ ਸੁਤੁ ਬਨਿਤਾ॥		Maath Pithaa Bhaaee Suth Banithaa ||	Mother, father, siblings, children and spouse	ਮਾਂ, ਪਿਉ, ਭਰਾ, ਪੁੱਤਰ, ਇਸਤ੍ਰੀ (ਪਰਵਾਰਾਂ ਦੇ ਇਹ ਸਾਰੇ ਸਾਥੀ)-
57571	1347	ਚੂਗਹਿ ਚੋਗ ਅਨੰਦ ਸਿਉ ਜੁਗਤਾ॥		Choogehi Chog Anandh Sio Jugathaa ||	Involved with them, people eat the food of bliss.	ਰਲ ਕੇ ਮੌਜ ਨਾਲ (ਮਾਇਆ ਦੇ) ਭੋਗ ਭੋਗਦੇ ਰਹਿੰਦੇ ਹਨ।
57572	1347	ਉਰਝਿ ਪਰਿਓ ਮਨ ਮੀਠ ਮੁਹਾਰਾ॥	ਮੁਹਾਰਾ: ਮੋਹਵਾਲਾ ਮੁੰ ਹੋੜੇ ਔਂਕੜ ਵਿਚਾਲੇ ਬੋਲੋ	Ourajh Pariou Man Meeth Muohaaraa ||	The mind is entangled in sweet emotional attachment.	(ਸਭਨਾਂ ਦੇ) ਮਨ (ਮਾਇਆ ਦੇ) ਮੋਹ ਦੀ ਮਿਠਾਸ ਵਿਚ ਫਸੇ ਰਹਿੰਦੇ ਹਨ।

57573	1347	ਗੁਨ ਗਾਹਕ ਮੇਰੇ ਪ੍ਰਾਨ ਅਧਾਰਾ॥੧॥		Gun Gaahak Maerae Praan Adhhaaraa ||1||	Those who seek God's Glorious Virtues are the support of my breath of life. ||1||	(ਪਰ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ) ਗੁਣਾਂ ਦੇ ਗਾਹਕ (ਸੰਤ-ਜਨ) ਮੇਰੀ ਜ਼ਿੰਦਗੀ ਦਾ ਆਸਰਾ ਬਣ ਗਏ ਹਨ ॥੧॥
57574	1347	ਏਕੁ ਹਮਾਰਾ ਅੰਤਰਜਾਮੀ॥		Eaek Hamaaraa Antharajaamee ||	My One Lord is the Inner-Knower, the Searcher of hearts.	ਸਭ ਦੇ ਦਿਲ ਦੀ ਜਾਣਨ ਵਾਲਾ ਪਰਮਾਤਮਾ ਹੀ ਮੇਰਾ (ਰਾਖਾ) ਹੈ।
57575	1347	ਧਰ ਏਕਾ ਮੈ ਟਿਕ ਏਕਸੁ ਕੀ ਸਿਰਿ ਸਾਹਾ ਵਡ ਪੁਰਖੁ ਸੁਆਮੀ॥੧॥ਰਹਾਉ ॥		Dhhar Eaekaa Mai Ttik Eaekas Kee Sir Saahaa Vadd Purakh Suaamee ||1|| Rehaao ||	He alone is my Support; He is my only Protection. My Great Lord and Master is over and above the heads of kings. ||1||Pause||	ਮੈਨੂੰ ਸਿਰਫ਼ ਪਰਮਾਤਮਾ ਦਾ ਹੀ ਆਸਰਾ ਹੈ, ਮੈਨੂੰ ਸਿਰਫ਼ ਇਕ ਪਰਮਾਤਮਾ ਦਾ ਹੀ ਸਹਾਰਾ ਹੈ। (ਮੇਰਾ) ਉਹ ਮਾਲਕ ਵੱਡੇ ਵੱਡੇ ਬਾਦਸ਼ਾਹਾਂ ਦੇ ਸਿਰ ਉੱਤੇ (ਭੀ) ਖਸਮ ਹੈ ॥੧॥ ਰਹਾਉ ॥
57576	1347	ਛਲ ਨਾਗਨਿ ਸਿਉ ਮੇਰੀ ਟੂਟਨਿ ਹੋਈ॥	(ਨਾਗਨਿ) ਮਾਇਆ	Shhal Naagan Sio Maeree Ttoottan Hoee ||	I have broken my ties to that deceitful serpent.	(ਸੋ, ਗੁਰੂ ਦੀ ਕਿਰਪਾ ਨਾਲ) ਇਸ ਛਲ ਕਰਨ ਵਾਲੀ ਸਪਣੀ (-ਮਾਇਆ) ਨਾਲੋਂ ਮੇਰਾ ਸੰਬੰਧ ਟੁੱਟ ਗਿਆ ਹੈ,
57577	1347	ਗੁਰਿ ਕਹਿਆ ਇਹ ਝੂਠੀ ਧੋਹੀ॥		Gur Kehiaa Eih Jhoothee Dhhohee ||	The Guru has told me that it is false and fraudulent.	(ਕਿਉਂਕਿ) ਗੁਰੂ ਨੇ (ਮੈਨੂੰ) ਦੱਸ ਦਿੱਤਾ ਹੈ ਕਿ ਇਹ (ਮਾਇਆ) ਝੂਠੀ ਹੈ ਤੇ ਠੱਗੀ ਕਰਨ ਵਾਲੀ ਹੈ।

57578	1347	ਮੁਖਿ ਮੀਠੀ ਖਾਈ ਕਉਰਾਇ॥		Mukh Meethee Khaaee Kouraae ||	Its face is sweet, but it tastes very bitter.	(ਇਹ ਮਾਇਆ ਉਸ ਚੀਜ਼ ਵਰਗੀ ਹੈ ਜੋ) ਮੂੰਹ ਵਿਚ ਮਿੱਠੀ ਲੱਗਦੀ ਹੈ, ਪਰ ਖਾਧਿਆਂ ਕੌੜਾ ਸੁਆਦ ਦੇਂਦੀ ਹੈ।
57579	1347	ਅੰਮ੍ਰਿਤ ਨਾਮਿ ਮਨੁ ਰਹਿਆ ਅਘਾਇ॥੨॥		Anmrith Naam Man Rehiaa Aghaae ||2||	My mind remains satisfied with the Ambrosial Naam, the Name of the Lord. ||2||	ਮੇਰਾ ਮਨ ਆਤਮਕ ਜੀਵਨ ਦੇਣ ਵਾਲੇ ਹਰਿ-ਨਾਮ ਨਾਲ ਰੱਜਿਆ ਰਹਿੰਦਾ ਹੈ ॥੨॥
57580	1347	ਲੋਭ ਮੋਹ ਸਿਉ ਗਈ ਵਿਖੋਟਿ॥		Lobh Moh Sio Gee Vikhott ||	I have broken my ties with greed and emotional attachment.	ਲੋਭ ਮੋਹ (ਆਦਿਕ) ਨਾਲੋਂ ਮੇਰਾ ਇਤਬਾਰ ਮੁੱਕ ਗਿਆ ਹੈ,
57581	1347	ਗੁਰਿ ਕ੍ਰਿਪਾਲਿ ਮੋਹਿ ਕੀਨੀ ਛੋਟਿ॥		Gur Kirapaal Mohi Keenee Shhott ||	The Merciful Guru has rescued me from them.	ਕਿਰਪਾਲ ਗੁਰੂ ਨੇ ਮੇਰੇ ਉੱਤੇ (ਇਹ) ਬਖ਼ਸ਼ਸ਼ ਕੀਤੀ ਹੈ।
57582	1347	ਇਹ ਠਗਵਾਰੀ ਬਹੁਤੁ ਘਰ ਗਾਲੇ॥		Eih Thagavaaree Bahuth Ghar Gaalae ||	These cheating thieves have plundered so many homes.	ਠੱਗਾਂ ਦੇ ਇਸ ਟੋਲੇ ਨੇ ਅਨੇਕਾਂ ਘਰ (ਹਿਰਦੇ) ਤਬਾਹ ਕਰ ਦਿੱਤੇ ਹਨ।
57583	1347	ਹਮ ਗੁਰਿ ਰਾਖਿ ਲੀਏ ਕਿਰਪਾਲੇ॥੩॥		Ham Gur Raakh Leeeae Kirapaalae ||3||	The Merciful Guru has protected and saved me. ||3||	ਮੈਨੂੰ ਤਾਂ (ਇਹਨਾਂ ਪਾਸੋਂ) ਦਇਆ ਦੇ ਸੋਮੇ ਗੁਰੂ ਨੇ ਬਚਾ ਲਿਆ ਹੈ ॥੩॥
57584	1347	ਕਾਮ ਕ੍ਰੋਧ ਸਿਉ ਠਾਟੁ ਨ ਬਨਿਆ॥		Kaam Krodhh Sio Thaatt N Baniaa ||	I have no dealings whatsoever with sexual desire and anger.	ਕਾਮ ਕ੍ਰੋਧ (ਆਦਿਕ) ਨਾਲ ਮੇਰੀ ਸਾਂਝ ਨਹੀਂ ਬਣੀ।

57585	1347	ਗੁਰ ਉਪਦੇਸੁ ਮੋਹਿ ਕਾਨੀ ਸੁਨਿਆ॥		Gur Oupadhaes Mohi Kaanee Suniaa ||	I listen to the Guru's Teachings.	ਗੁਰੂ ਦਾ ਉਪਦੇਸ਼ ਮੈਂ ਬੜੇ ਧਿਆਨ ਨਾਲ ਸੁਣਿਆ ਹੈ।
57586	1347	ਜਹ ਦੇਖਉ ਤਹ ਮਹਾ ਚੰਡਾਲ॥		Jeh Dhaekho Theh Mehaa Chanddaal ||	Wherever I look, I see the most horrible goblins.	ਮੈਂ ਜਿਧਰ ਵੇਖਦਾ ਹਾਂ, ਉਧਰ ਇਹ ਵੱਡੇ ਚੰਡਾਲ (ਆਪਣਾ ਜ਼ੋਰ ਪਾ ਰਹੇ ਹਨ),
57587	1347	ਰਾਖਿ ਲੀਏ ਅਪੁਨੈ ਗੁਰਿ ਗੋਪਾਲ॥੪॥		Raakh Leeeae Apunai Gur Gopaal ||4||	My Guru, the Lord of the World, has saved me from them. ||4||	ਮੈਨੂੰ ਤਾਂ ਮੇਰੇ ਗੁਰੂ ਨੇ ਗੋਪਾਲ ਨੇ (ਇਹਨਾਂ ਤੋਂ) ਬਚਾ ਲਿਆ ਹੈ ॥੪॥
57588	1347	ਦਸ ਨਾਰੀ ਮੈ ਕਰੀ ਦੁਹਾਗਨਿ॥		Dhas Naaree Mai Karee Dhuhaagan ||	I have made widows of the ten sensory organs.	(ਆਪਣੀਆਂ) ਦਸਾਂ ਹੀ ਇੰਦ੍ਰੀਆਂ ਨੂੰ ਮੈਂ ਛੁੱਟੜ ਕਰ ਦਿੱਤਾ ਹੈ,
57589	1347	ਗੁਰਿ ਕਹਿਆ ਏਹ ਰਸਹਿ ਬਿਖਾਗਨਿ॥		Gur Kehiaa Eaeh Rasehi Bikhaagan ||	The Guru has told me that these pleasures are the fires of corruption.	(ਰਸਾਂ ਦੀ ਖ਼ੁਰਾਕ ਅਪੜਾਣੀ ਬੰਦ ਕਰ ਦਿੱਤੀ ਹੈ, ਕਿਉਂਕਿ) ਗੁਰੂ ਨੇ (ਮੈਨੂੰ) ਦੱਸਿਆ ਹੈ ਕਿ ਇਹ ਰਸਾਂ ਦੀ ਆਤਮਕ ਮੌਤ ਲਿਆਉਣ ਵਾਲੀ ਅੱਗ ਹੈ।
57590	1347	ਇਨ ਸਨਬੰਧੀ ਰਸਾਤਲਿ ਜਾਇ॥		Ein Sanabandhee Rasaathal Jaae ||	Those who associate with them go to hell.	ਇਹਨਾਂ (ਰਸਾਂ) ਨਾਲ ਮੇਲ ਰੱਖਣ ਵਾਲਾ (ਪ੍ਰਾਣੀ) ਆਤਮਕ ਮੌਤ ਦੀ ਨੀਵੀਂ ਖੱਡ ਵਿਚ ਜਾ ਪੈਂਦਾ ਹੈ।
57591	1347	ਹਮ ਗੁਰਿ ਰਾਖੇ ਹਰਿ ਲਿਵ ਲਾਇ॥੫॥		Ham Gur Raakhae Har Liv Laae ||5||	The Guru has saved me; I am lovingly attuned to the Lord. ||5||	ਪਰਮਾਤਮਾ ਦੀ ਲਗਨ ਪੈਦਾ ਕਰ ਕੇ ਗੁਰੂ ਨੇ ਮੈਨੂੰ (ਇਹਨਾਂ ਰਸਾਂ ਤੋਂ ਬਚਾ ਲਿਆ ਹੈ ॥੫॥

57592	1347	ਅਹੰਮੇਵ ਸਿਉ ਮਸਲਤਿ ਛੋਡੀ॥		Ahanmaev Sio Masalath Shhoddee ||	I have forsaken the advice of my ego.	ਮੈਂ ਅਹੰਕਾਰ ਨਾਲ (ਭੀ) ਮੇਲ-ਮਿਲਾਪ ਛੱਡ ਦਿੱਤਾ ਹੈ,
57593	1347	ਗੁਰਿ ਕਹਿਆ ਇਹੁ ਮੂਰਖੁ ਹੋਡੀ॥		Gur Kehiaa Eihu Moorakh Hoddee ||	The Guru has told me that this is foolish stubbornness.	ਗੁਰੂ ਨੇ (ਮੈਨੂੰ) ਦੱਸਿਆ ਹੈ ਕਿ ਇਹ (ਅਹੰਕਾਰ) ਮੂਰਖ ਹੈ ਜ਼ਿੱਦੀ ਹੈ (ਅਹੰਕਾਰ ਮਨੁੱਖ ਨੂੰ ਮੂਰਖ ਤੇ ਜ਼ਿੱਦੀ ਬਣਾ ਦੇਂਦਾ ਹੈ)।
57594	1347	ਇਹੁ ਨੀਘਰੁ ਘਰੁ ਕਹੀ ਨ ਪਾਏ॥	(ਨੀ-ਘਰੁ) ਬੇਘਰ	Eihu Neeghar Ghar Kehee N Paaeae ||	This ego is homeless; it shall never find a home.	(ਹੁਣ) ਇਹ (ਅਹੰਕਾਰ) ਬੇ-ਘਰਾ ਹੋ ਗਿਆ ਹੈ (ਮੇਰੇ ਅੰਦਰ) ਇਸ ਨੂੰ ਕੋਈ ਟਿਕਾਣਾ ਨਹੀਂ ਮਿਲਦਾ।
57595	1347	ਹਮ ਗੁਰਿ ਰਾਖਿ ਲੀਏ ਲਿਵ ਲਾਏ॥੬॥		Ham Gur Raakh Leeeae Liv Laaeae ||6||	The Guru has saved me; I am lovingly attuned to the Lord. ||6||	ਪ੍ਰਭੂ-ਚਰਨਾਂ ਦੀ ਲਗਨ ਪੈਦਾ ਕਰ ਕੇ ਗੁਰੂ ਨੇ ਮੈਨੂੰ ਇਸ ਅਹੰਕਾਰ ਤੋਂ ਬਚਾ ਲਿਆ ਹੈ ॥੬॥
57596	1347	ਇਨ ਲੋਗਨ ਸਿਉ ਹਮ ਭਏ ਬੈਰਾਈ॥		Ein Logan Sio Ham Bheae Bairaaee ||	I have become alienated from these people.	ਇਹਨਾਂ (ਕਾਮ ਕ੍ਰੋਧ ਅਹੰਕਾਰ ਆਦਿਕਾਂ) ਨਾਲੋਂ ਮੈਂ ਬੇ-ਵਾਸਤਾ ਹੋ ਗਿਆ ਹਾਂ,
57597	1347	ਏਕ ਗ੍ਰਿਹ ਮਹਿ ਦੁਇ ਨ ਖਟਾਂਈ॥	(ਖਟਾਂਈ) ਮਿਲਾਪ ਨਹੀਂ ਹੁੰਦਾ	Eaek Grih Mehi Dhue N Khattaanee ||	We cannot both live together in one home.	ਇੱਕੋ (ਸਰੀਰ) ਘਰ ਵਿਚ ਦੋਹਾਂ ਧਿਰਾਂ ਦਾ ਮੇਲ ਨਹੀਂ ਹੋ ਸਕਦਾ।
57598	1347	ਆਏ ਪ੍ਰਭ ਪਹਿ ਅੰਚਰਿ ਲਾਗਿ॥		Aaeae Prabh Pehi Anchar Laag ||	Grasping the hem of the Guru's Robe, I have come to God.	ਮੈਂ (ਆਪਣੇ ਗੁਰੂ ਦੇ) ਲੜ ਲੱਗ ਕੇ ਪ੍ਰਭੂ ਦੇ ਦਰ ਤੇ ਆ ਗਿਆ ਹਾਂ,

57599	1347	ਕਰਹੁ ਤਪਾਵਸੁ ਪ੍ਰਭ ਸਰਬਾਗਿ॥੭॥	(ਤ-ਪਾਵਸੁ) ਨਿਆਉਂ ਨਿਰਲੇਪਤਾ ਸਹਿਤ, ਉਤਪਤੀ ਪਾਲਣਾ ਲੈਤਾ ਸਭ ਕੁੱਝ ਕਰਨ ਨੂੰ (ਸਰਬਾਗਿ) ਸਮਰੱਥ	Karahu Thapaavas Prabh Sarabaag ||7||	Please be fair with me, All-knowing Lord God. ||7||	(ਤੇ, ਅਰਦਾਸ ਕਰਦਾ ਹਾਂ-) ਹੇ ਸਰਬੱਗ ਪ੍ਰਭੂ! ਤੂੰ ਆਪ ਹੀ ਨਿਆਂ ਕਰ ॥੭॥
57600	1347	ਪ੍ਰਭ ਹਸਿ ਬੋਲੇ ਕੀਏ ਨਿਆਂਏਂ॥	ਹੱਸਿ	Prabh Has Bolae Keeeae Niaaaneaen ||	God smiled at me and spoke, passing judgement.	ਪ੍ਰਭੂ ਜੀ ਹੱਸ ਕੇ ਆਖਣ ਲੱਗੇ- ਅਸਾਂ ਨਿਆਂ ਕਰ ਦਿੱਤੇ ਹਨ।
57601	1347	ਸਗਲ ਦੂਤ ਮੇਰੀ ਸੇਵਾ ਲਾਏ॥		Sagal Dhooth Maeree Saevaa Laaeae ||	He made all the demons perform service for me.	ਪ੍ਰਭੂ ਨੇ (ਕਾਮਾਦਿਕ ਇਹ) ਸਾਰੇ ਵੈਰੀ ਮੇਰੀ ਸੇਵਾ ਵਿਚ ਲਾ ਦਿੱਤੇ ਹਨ।
57602	1347	ਤੂੰ ਠਾਕੁਰੁ ਇਹੁ ਗ੍ਰਿਹੁ ਸਭੁ ਤੇਰਾ॥		Thoon Thaakur Eihu Grihu Sabh Thaeraa ||	You are my Lord and Master; all this home belongs to You.	(ਤੇ ਆਖ ਦਿੱਤਾ ਹੈ-) ਇਹ (ਸਰੀਰ-) ਘਰ ਸਾਰਾ ਤੇਰਾ ਹੈ, ਅਤੇ ਹੁਣ ਤੂੰ ਇਸ ਦਾ ਮਾਲਕ ਹੈਂ (ਕਾਮਾਦਿਕ ਇਸ ਉੱਤੇ ਜ਼ੋਰ ਨਹੀਂ ਪਾ ਸਕਣਗੇ)।
57603	1347	ਕਹੁ ਨਾਨਕ ਗੁਰਿ ਕੀਆ ਨਿਬੇਰਾ॥੮॥੧॥		Kahu Naanak Gur Keeaa Nibaeraa ||8||1||	Says Nanak, the Guru has passed judgement. ||8||1||	ਨਾਨਕ ਆਖਦਾ ਹੈ- ਗੁਰੂ ਨੇ ਇਹ ਫ਼ੈਸਲਾ ਕਰ ਦਿੱਤਾ ਹੈ ॥੮॥੧॥
57604	1347	ਪ੍ਰਭਾਤੀ ਮਹਲਾ ੫॥		Prabhaathee Mehalaa 5 ||	Prabhaatee, Fifth Mehl:	
57605	1348	ਮਨ ਮਹਿ ਕ੍ਰੋਧੁ ਮਹਾ ਅਹੰਕਾਰਾ॥		Man Mehi Krodhh Mehaa Ahankaaraa ||	Within the mind dwell anger and massive ego.	ਜੇ ਮਨ ਵਿਚ ਕ੍ਰੋਧ ਟਿਕਿਆ ਰਹੇ, ਬਲੀ ਅਹੰਕਾਰ ਵੱਸਿਆ ਰਹੇ,

57606	1348	ਪੂਜਾ ਕਰਹਿ ਬਹੁਤੁ ਬਿਸਥਾਰਾ॥		Poojaa Karehi Bahuth Bisathhaaraa ||	Worship services are performed with great pomp and ceremony.	ਪਰ ਕਈ ਧਾਰਮਿਕ ਰਸਮਾਂ ਦੇ ਖਿਲਾਰੇ ਖਿਲਾਰ ਕੇ (ਮਨੁੱਖ ਦੇਵ) ਪੂਜਾ ਕਰਦੇ ਰਹਿਣ,
57607	1348	ਕਰਿ ਇਸਨਾਨੁ ਤਨਿ ਚਕ੍ਰ ਬਣਾਏ॥	ਚੱਕ੍ਰ	Kar Eisanaan Than Chakr Banaaeae ||	Ritual cleansing baths are taken, and sacred marks are applied to the body.	ਜੇ (ਤੀਰਥ-ਆਦਿ ਉਤੇ) ਇਸ਼ਨਾਨ ਕਰ ਕੇ ਸਰੀਰ ਉੱਤੇ (ਧਾਰਮਿਕ ਚਿਹਨਾਂ ਦੇ) ਨਿਸ਼ਾਨ ਲਾਏ ਜਾਣ,
57608	1348	ਅੰਤਰ ਕੀ ਮਲੁ ਕਬ ਹੀ ਨ ਜਾਏ॥੧॥		Anthar Kee Mal Kab Hee N Jaaeae ||1||	But still, the filth and pollution within never depart. ||1||	(ਇਸ ਤਰ੍ਹਾਂ) ਮਨ ਦੀ (ਵਿਕਾਰਾਂ ਦੀ) ਮੈਲ ਕਦੇ ਦੂਰ ਨਹੀਂ ਹੁੰਦੀ ॥੧॥
57609	1348	ਇਤੁ ਸੰਜਮਿ ਪ੍ਰਭੁ ਕਿਨ ਹੀ ਨ ਪਾਇਆ॥		Eith Sanjam Prabh Kin Hee N Paaeiaa ||	No one has ever found God in this way.	ਇਸ ਤਰੀਕੇ ਦੁਆਰਾ ਕਿਸੇ (ਮਨੁੱਖ) ਨੇ ਭੀ ਪ੍ਰਭੂ-ਮਿਲਾਪ ਹਾਸਲ ਨਹੀਂ ਕੀਤਾ,
57610	1348	ਭਗਉਤੀ ਮੁਦ੍ਰਾ ਮਨੁ ਮੋਹਿਆ ਮਾਇਆ॥੧॥ਰਹਾਉ ॥		Bhagouthee Mudhraa Man Mohiaa Maaeiaa ||1|| Rehaao ||	The sacred mudras - ritualistic hand gestures - are made, but the mind remains enticed by Maya. ||1||Pause||	(ਜੇ) ਮਨ ਮਾਇਆ ਦੇ ਮੋਹ ਵਿਚ ਫਸਿਆ ਰਹੇ, (ਪਰ) ਵਿਸ਼ਨੂ-ਭਗਤੀ ਦੇ ਬਾਹਰਲੇ ਚਿਹਨ (ਆਪਣੇ ਸਰੀਰ ਉੱਤੇ ਬਣਾਂਦਾ ਰਹੇ) ॥੧॥ ਰਹਾਉ ॥
57611	1348	ਪਾਪ ਕਰਹਿ ਪੰਚਾਂ ਕੇ ਬਸਿ ਰੇ॥		Paap Karehi Panchaan Kae Bas Rae ||	They commit sins, under the influence of the five thieves.	ਹੇ ਭਾਈ! (ਜਿਹੜੇ ਮਨੁੱਖ ਕਾਮਾਦਿਕ) ਪੰਜਾਂ ਦੇ ਵੱਸ ਵਿਚ (ਰਹਿ ਕੇ) ਪਾਪ ਕਰਦੇ ਰਹਿੰਦੇ ਹਨ।

57612	1348	ਤੀਰਥਿ ਨਾਇ ਕਹਹਿ ਸਭਿ ਉਤਰੇ॥		Theerathh Naae Kehehi Sabh Outharae ||	They bathe at sacred shrines, and claim that everything has been washed off.	(ਫਿਰ ਕਿਸੇ) ਤੀਰਥ ਉੱਤੇ ਇਸ਼ਨਾਨ ਕਰ ਕੇ ਆਖਦੇ ਹਨ (ਕਿ ਸਾਡੇ) ਸਾਰੇ (ਪਾਪ) ਲਹਿ ਗਏ ਹਨ,
57613	1348	ਬਹੁਰਿ ਕਮਾਵਹਿ ਹੋਇ ਨਿਸੰਕ॥		Bahur Kamaavehi Hoe Nisank ||	Then they commit them again, without fear of the consequences.	(ਤੇ) ਝਾਕਾ ਲਾਹ ਕੇ ਮੁੜ ਮੁੜ (ਉਹੀ ਪਾਪ) ਕਰੀ ਜਾਂਦੇ ਹਨ।
57614	1348	ਜਮਪੁਰਿ ਬਾਂਧਿ ਖਰੇ ਕਾਲੰਕ॥੨॥	ਪਾਪਾਂ ਦੇ (ਕਾਲੰਕ) ਕਾਲ਼ੇ ਦਾਗ਼	Jam Pur Baandhh Kharae Kaalank ||2||	The sinners are bound and gagged, and taken to the City of Death. ||2||	(ਤੀਰਥ-ਇਸ਼ਨਾਨ ਉਹਨਾਂ ਨੂੰ ਜਮਰਾਜ ਤੋਂ ਬਚਾ ਨਹੀਂ ਸਕਦਾ, ਉਹ ਤਾਂ ਕੀਤੇ) ਪਾਪਾਂ ਦੇ ਕਾਰਨ ਬੰਨ੍ਹ ਕੇ ਜਮਰਾਜ ਦੇ ਦੇਸ ਵਿਚ ਅਪੜਾਏ ਜਾਂਦੇ ਹਨ ॥੨॥
57615	1348	ਘੂਘਰ ਬਾਧਿ ਬਜਾਵਹਿ ਤਾਲਾ॥	ਬੱਾਧਿ ਤੱਾਲਾ	Ghooghar Baadhh Bajaavehi Thaalaa ||	The ankle-bells shake and the cymbals vibrate,	(ਜਿਹੜੇ ਮਨੁੱਖ) ਘੁੰਘਰੂ ਬੰਨ੍ਹ ਕੇ (ਕਿਸੇ ਮੂਰਤੀ ਅੱਗੇ ਜਾਂ ਰਾਸਿ ਆਦਿਕ ਵਿਚ) ਤਾਲ ਵਜਾਂਦੇ ਹਨ (ਤਾਲ-ਸਿਰ ਨੱਚਦੇ ਹਨ),
57616	1348	ਅੰਤਰਿ ਕਪਟੁ ਫਿਰਹਿ ਬੇਤਾਲਾ॥		Anthar Kapatt Firehi Baethaalaa ||	But those who have deception within wander lost like demons.	ਪਰ ਉਹਨਾਂ ਦੇ ਮਨ ਵਿਚ ਠੱਗੀ-ਫ਼ਰੇਬ ਹੈ, (ਉਹ ਮਨੁੱਖ ਅਸਲ ਵਿਚ ਸਹੀ ਜੀਵਨ-) ਤਾਲ ਤੋਂ ਖੁੰਝੇ ਫਿਰਦੇ ਹਨ।
57617	1348	ਵਰਮੀ ਮਾਰੀ ਸਾਪੁ ਨ ਮੂਆ॥		Varamee Maaree Saap N Mooaa ||	By destroying its hole, the snake is not killed.	ਜੇ ਸੱਪ ਦੀ ਖੁੱਡ ਬੰਦ ਕਰ ਦਿੱਤੀ ਜਾਏ, (ਤਾਂ ਇਸ ਤਰ੍ਹਾਂ ਉਸ ਖੁੱਡ ਵਿਚ ਰਹਿਣ ਵਾਲਾ) ਸੱਪ ਨਹੀਂ ਮਰਦਾ।

57618	1348	ਪ੍ਰਭੁ ਸਭ ਕਿਛੁ ਜਾਨੈ ਜਿਨਿ ਤੂ ਕੀਆ॥੩॥		Prabh Sabh Kishh Jaanai Jin Thoo Keeaa ||3||	God, who created you, knows everything. ||3||	ਜਿਸ ਪਰਮਾਤਮਾ ਨੇ ਪੈਦਾ ਕੀਤਾ ਹੈ ਉਹ (ਤੇਰੇ ਦਿਲ ਦੀ) ਹਰੇਕ ਗੱਲ ਜਾਣਦਾ ਹੈ ॥੩॥
57619	1348	ਪੂੰਅਰ ਤਾਪ ਗੇਰੀ ਕੇ ਬਸਤ੍ਰਾ॥	(ਪੂੰਅਰ) ਚੌਹੀਂ ਤਰਫੀਂ ਚਾਰ ਧੂਣੀਆਂ ਵਿਚਾਲੇ ਬੈਠ ਕੇ (ਤਾਪ) ਤਪ ਕਰਨਾ ਉੱਪਰੋਂ ਸੂਰਜ ਤਪਨਾ	Poonar Thaap Gaeree Kae Basathraa ||	You worship fire and wear saffron colored robes.	ਜਿਹੜਾ ਮਨੁੱਖ ਧੂਣੀਆਂ ਤਪਾਂਦਾ ਰਹਿੰਦਾ ਹੈ, ਗੇਰੀ-ਰੰਗੇ ਕੱਪੜੇ ਪਾਈ ਫਿਰਦਾ ਹੈ,
57620	1348	ਅਪਦਾ ਕਾ ਮਾਰਿਆ ਗ੍ਰਿਹ ਤੇ ਨਸਤਾ॥	ਨੱਸਤਾ	Apadhaa Kaa Maariaa Grih Thae Nasathaa ||	Stung by your misfortune, you abandon your home.	(ਉੱਝ ਕਿਸੇ) ਬਿਪਤਾ ਦਾ ਮਾਰਿਆ (ਆਪਣੇ) ਘਰੋਂ ਭੱਜਾ ਫਿਰਦਾ ਹੈ,
57621	1348	ਦੇਸੁ ਛੋਡਿ ਪਰਦੇਸਹਿ ਧਾਇਆ॥		Dhaes Shhodd Paradhaesehi Dhhaaeiaa ||	Leaving your own country, you wander in foreign lands.	ਆਪਣਾ ਵਤਨ ਛੱਡ ਕੇ ਹੋਰ ਹੋਰ ਦੇਸਾਂ ਵਿਚ ਭਟਕਦਾ ਫਿਰਦਾ ਹੈ,
57622	1348	ਪੰਚ ਚੰਡਾਲ ਨਾਲੇ ਲੈ ਆਇਆ॥੪॥		Panch Chanddaal Naalae Lai Aaeiaa ||4||	But you bring the five rejects with you. ||4||	(ਅਜਿਹਾ ਮਨੁੱਖ ਕਾਮਾਦਿਕ) ਪੰਜ ਚੰਡਾਲਾਂ ਨੂੰ ਤਾਂ (ਆਪਣੇ ਅੰਦਰ) ਨਾਲ ਹੀ ਲਈ ਫਿਰਦਾ ਹੈ ॥੪॥
57623	1348	ਕਾਨ ਫਰਾਇ ਹਿਰਾਏ ਟੂਕਾ॥	ਅਪਨੇ ਯੋਗੀ ਟੀਚਰ ਪਾਸ, ਚੇਲੇ ਟੁਕੜੇ (ਹਿਰਾਏ) ਚੁਰਾ ਖੋਹ ਖਿੰਜ ਕੇ	Kaan Faraae Hiraaeae Ttookaa ||	You have split your ears, and now you steal crumbs.	(ਜਿਹੜਾ ਮਨੁੱਖ ਆਪਣੇ ਵਲੋਂ ਸ਼ਾਂਤੀ ਦੀ ਖ਼ਾਤਰ) ਕੰਨ ਪੜਵਾ ਕੇ (ਜੋਗੀ ਬਣ ਜਾਂਦਾ ਹੈ, ਪਰ ਪੇਟ ਦੀ ਭੁੱਖ ਮਿਟਾਣ ਲਈ ਹੋਰਨਾਂ ਦੇ) ਟੁੱਕਰ ਤੱਕਦਾ ਫਿਰਦਾ ਹੈ,

57624	1348	ਘਰਿ ਘਰਿ ਮਾਂਗੈ ਤ੍ਰਿਪਤਾਵਨ ਤੇ ਚੂਕਾ॥		Ghar Ghar Maangai Thripathaavan Thae Chookaa ||	You beg from door to door, but you fail to be satisfied.	ਹਰੇਕ ਘਰ (ਦੇ ਬੂਹੇ) ਤੇ (ਰੋਟੀ) ਮੰਗਦਾ ਫਿਰਦਾ ਹੈ, ਉਹ (ਸਗੋਂ) ਤ੍ਰਿਪਤੀ ਤੋਂ ਵਾਂਜਿਆ ਰਹਿੰਦਾ ਹੈ।
57625	1348	ਬਨਿਤਾ ਛੋਡਿ ਬਦ ਨਦਰਿ ਪਰ ਨਾਰੀ॥	ਬਨਿ-ਤਾਬਦ ਖੋਟੀ। ਨਦਰਿ ਨਿਗ੍ਹਾ	Banithaa Shhodd Badh Nadhar Par Naaree ||	You have abandoned your own wife, but now you sneak glances at other women.	(ਉਹ ਮਨੁੱਖ ਆਪਣੀ) ਇਸਤ੍ਰੀ ਛੱਡ ਕੇ ਪਰਾਈ ਇਸਤ੍ਰੀ ਵੱਲ ਭੈੜੀ ਨਿਗਾਹ ਰੱਖਦਾ ਹੈ।
57626	1348	ਵੇਸਿ ਨ ਪਾਈਐ ਮਹਾ ਦੁਖਿਆਰੀ॥੫॥		Vaes N Paaeeai Mehaa Dhukhiaaree ||5||	God is not found by wearing religious robes; you are utterly miserable! ||5||	(ਨਿਰੇ) ਧਾਰਮਿਕ ਪਹਿਰਾਵੇ ਨਾਲ (ਪਰਮਾਤਮਾ) ਨਹੀਂ ਮਿਲਦਾ। (ਇਸ ਤਰ੍ਹਾਂ ਸਗੋਂ ਜਿੰਦ) ਬਹੁਤ ਦੁਖੀ ਹੁੰਦੀ ਹੈ ॥੫॥
57627	1348	ਬੋਲੈ ਨਾਹੀ ਹੋਇ ਬੈਠਾ ਮੋਨੀ॥		Bolai Naahee Hoe Baithaa Monee ||	He does not speak; he is on silence.	(ਜਿਹੜਾ ਮਨੁੱਖ ਆਤਮਕ ਸ਼ਾਂਤੀ ਵਾਸਤੇ ਜੀਭ ਨਾਲ) ਨਹੀਂ ਬੋਲਦਾ, ਮੋਨਧਾਰੀ ਬਣ ਕੇ ਬੈਠ ਜਾਂਦਾ ਹੈ,
57628	1348	ਅੰਤਰਿ ਕਲਪ ਭਵਾਈਐ ਜੋਨੀ॥		Anthar Kalap Bhavaaeeai Jonee ||	But he is filled with desire; he is made to wander in reincarnation.	(ਉਸਦੇ) ਅੰਦਰ (ਤਾਂ) ਕਾਮਨਾ ਟਿਕੀ ਰਹਿੰਦੀ ਹੈ (ਜਿਸ ਦੇ ਕਾਰਨ) ਕਈ ਜੂਨਾਂ ਵਿਚ ਉਹ ਭਟਕਾਇਆ ਜਾਂਦਾ ਹੈ।
57629	1348	ਅੰਨ ਤੇ ਰਹਤਾ ਦੁਖੁ ਦੇਹੀ ਸਹਤਾ॥		Ann Thae Rehathaa Dhukh Dhaehee Sehathaa ||	Abstaining from food, his body suffers in pain.	(ਉਹ) ਅੰਨ (ਖਾਣ) ਤੋਂ ਪਰਹੇਜ਼ ਕਰਦਾ ਹੈ, (ਇਸ ਤਰ੍ਹਾਂ) ਸਰੀਰ ਉੱਤੇ ਦੁੱਖ (ਹੀ) ਸਹਾਰਦਾ ਹੈ।

57630	1348	ਹੁਕਮੁ ਨ ਬੂਝੈ ਵਿਆਪਿਆ ਮਮਤਾ॥੬॥		Hukam N Boojhai Viaapiaa Mamathaa ||6||	He does not realize the Hukam of the Lord's Command; he is afflicted by possessiveness. ||6||	(ਜਦ ਤਕ ਮਨੁੱਖ ਪਰਮਾਤਮਾ ਦੀ) ਰਜ਼ਾ ਨੂੰ ਨਹੀਂ ਸਮਝਦਾ, (ਮਾਇਆ ਦੀ) ਮਮਤਾ ਵਿਚ ਫਸਿਆ (ਹੀ) ਰਹਿੰਦਾ ਹੈ ॥੬॥
57631	1348	ਬਿਨੁ ਸਤਿਗੁਰ ਕਿਨੈ ਨ ਪਾਈ ਪਰਮਗਤੇ॥		Bin Sathigur Kinai N Paaee Param Gathae ||	Without the True Guru, no one has attained the supreme status.	ਗੁਰੂ ਦੇ ਸਰਨ ਤੋਂ ਬਿਨਾ ਕਦੇ ਕਿਸੇ ਨੇ ਉੱਚੀ ਆਤਮਕ ਅਵਸਥਾ ਪ੍ਰਾਪਤ ਨਹੀਂ ਕੀਤੀ,
57632	1348	ਪੂਛਹੁ ਸਗਲ ਬੇਦ ਸਿੰਮ੍ਰਿਤੇ॥	ਸਿੰਮ੍ਰਿਤੇ: ਅੱਧਾ ਰਾਰਾ ਪੋਲਾ ਬੋਲੋ	Pooshhahu Sagal Baedh Sinmrithae ||	Go ahead and ask all the Vedas and the Simritees.	ਬੇ-ਸ਼ੱਕ ਵੇਦ ਸਿਮ੍ਰਿਤੀਆਂ (ਆਦਿਕ ਧਰਮ-ਪੁਸਤਕਾਂ) ਨੂੰ ਭੀ ਵਿਚਾਰਦੇ ਰਹੋ।
57633	1348	ਮਨਮੁਖ ਕਰਮ ਕਰੈ ਅਜਾਈ॥		Manamukh Karam Karai Ajaaee ||	The self-willed manmukhs do useless deeds.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਜਿਹੜੇ ਭੀ ਆਪਣੇ ਵਲੋਂ ਧਾਰਮਿਕ) ਕਰਮ ਕਰਦਾ ਹੈ ਵਿਅਰਥ (ਹੀ ਜਾਂਦੇ ਹਨ),
57634	1348	ਜਿਉ ਬਾਲੂ ਘਰ ਠਉਰ ਨ ਠਾਈ॥੭॥		Jio Baaloo Ghar Thour N Thaaee ||7||	They are like a house of sand, which cannot stand. ||7||	ਜਿਵੇਂ ਰੇਤ ਦੇ ਘਰ ਦਾ ਨਿਸ਼ਾਨ ਹੀ ਮਿਟ ਜਾਂਦਾ ਹੈ ॥੭॥
57635	1348	ਜਿਸ ਨੋ ਭਏ ਗੋਬਿੰਦ ਦਇਆਲਾ॥	ਗੋਬਿੰਦ: ਗੋ ਹੋੜਾ ਔਂਕੜ ਵਿਚਕਾਰਲੀ ਅਵਾਜ ਬੋਲੋ। ਦ-ਇਆਲਾ: ਦਿਆਲਾ ਨਹੀ ਬੋਲਣਾ	Jis No Bheae Guobindh Dhaeiaalaa ||	One unto whom the Lord of the Universe becomes Merciful,	ਜਿਸ ਮਨੁੱਖ ਉੱਤੇ ਪਰਮਾਤਮਾ ਦਇਆਵਾਨ ਹੋਇਆ,

57636	1348	ਗੁਰ ਕਾ ਬਚਨੁ ਤਿਨਿ ਬਾਧਿਓ ਪਾਲਾ॥	ਬੱਾਧਿਓ। ਪੱਾਲਾ	Gur Kaa Bachan Thin Baadhhiou Paalaa ||	Sews the Word of the Guru's Shabad into his robes.	ਉਸ ਨੇ ਗੁਰੂ ਦਾ ਬਚਨ (ਆਪਣੇ) ਪੱਲੇ ਬੰਨ੍ਹ ਲਿਆ।
57637	1348	ਕੋਟਿ ਮਧੇ ਕੋਈ ਸੰਤੁ ਦਿਖਾਇਆ॥		Kott Madhhae Koee Santh Dhikhaaeiaa ||	Out of millions, it is rare that such a Saint is seen.	(ਪਰ ਇਹੋ ਜਿਹਾ) ਸੰਤ ਕ੍ਰੋੜਾਂ ਵਿਚੋਂ ਕੋਈ ਕੋਈ ਵਿਰਲਾ ਹੀ ਵੇਖਣ ਵਿਚ ਆਉਂਦਾ ਹੈ।
57638	1348	ਨਾਨਕੁ ਤਿਨ ਕੈ ਸੰਗਿ ਤਰਾਇਆ॥੮॥		Naanak Thin Kai Sang Tharaaeiaa ||8||	O Nanak, with him, we are carried across. ||8||	ਨਾਨਕ (ਤਾਂ) ਇਹੋ ਜਿਹੇ (ਸੰਤ ਜਨਾਂ) ਦੀ ਸੰਗਤ ਵਿਚ (ਹੀ ਸੰਸਾਰ-ਸਮੁੰਦਰ ਤੋਂ) ਪਾਰ ਲੰਘਾਂਦਾ ਹੈ ॥੮॥
57639	1348	ਜੇ ਹੋਵੈ ਭਾਗੁ ਤਾ ਦਰਸਨੁ ਪਾਈਐ॥		Jae Hovai Bhaag Thaa Dharasan Paaeeai ||	If one has such good destiny, then the Blessed Vision of His Darshan is obtained.	ਜੇ (ਮੱਥੇ ਦਾ) ਭਾਗ ਜਾਗ ਪਏ ਤਾਂ (ਅਜਿਹੇ ਸੰਤ ਦਾ) ਦਰਸਨ ਪ੍ਰਾਪਤ ਹੁੰਦਾ ਹੈ।
57640	1348	ਆਪਿ ਤਰੈ ਸਭੁ ਕੁਟੰਬੁ ਤਰਾਈਐ॥੧॥ਰਹਾਉ ਦੂਜਾ॥੨॥		Aap Tharai Sabh Kuttanb Tharaaeeai ||1|| Rehaao Dhoojaa ||2||	He saves himself, and carries across all his family as well. ||1||SECOND PAUSE||2||	(ਦਰਸਨ ਕਰਨ ਵਾਲਾ) ਆਪ ਪਾਰ ਲੰਘਦਾ ਹੈ, ਆਪਣੇ ਸਾਰੇ ਪਰਵਾਰ ਨੂੰ ਭੀ ਪਾਰ ਲੰਘਾ ਲੈਂਦਾ ਹੈ।ਰਹਾਉ ਦੂਜਾ ॥੧॥ਰਹਾਉ ਦੂਜਾ॥੨॥
57641	1348	ਪ੍ਰਭਾਤੀ ਮਹਲਾ ੫॥		Prabhaathee Mehalaa 5 ||	Prabhaatee, Fifth Mehl:	
57642	1348	ਸਿਮਰਤ ਨਾਮੁ ਕਿਲਬਿਖ ਸਭਿ ਕਾਟੇ॥		Simarath Naam Kilabikh Sabh Kaattae ||	Meditating in remembrance on the Naam, all the sins are erased.	(ਸੰਤ ਜਨਾਂ ਦੀ ਸਰਨ ਪੈ ਕੇ) ਹਰਿ-ਨਾਮ ਸਿਮਰਦਿਆਂ (ਮਨੁੱਖ ਦੇ) ਸਾਰੇ ਪਾਪ ਕੱਟੇ ਜਾਂਦੇ ਹਨ,

57643	1348	ਧਰਮਰਾਇ ਕੇ ਕਾਗਰ ਫਾਟੇ॥	ਕੱਾਗਰ: ਕਸਕੇ ਬੋਲੋ	Dhharam Raae Kae Kaagar Faattae ||	The accounts held by the Righteous Judge of Dharma are torn up.	ਧਰਮਰਾਜ ਦੇ ਲੇਖੇ ਦੇ ਕਾਗ਼ਜ਼ ਭੀ ਪਾਟ ਜਾਂਦੇ ਹਨ।
57644	1348	ਸਾਧਸੰਗਤਿ ਮਿਲਿ ਹਰਿ ਰਸੁ ਪਾਇਆ॥		Saadhhasangath Mil Har Ras Paaeiaa ||	Joining the Saadh Sangat, the Company of the Holy,	(ਜਿਸ ਮਨੁੱਖ ਨੇ) ਸਾਧ ਸੰਗਤ ਵਿਚ ਮਿਲ ਕੇ ਪਰਮਾਤਮਾ ਦੇ ਨਾਮ ਦਾ ਆਨੰਦ ਪ੍ਰਾਪਤ ਕੀਤਾ,
57645	1348	ਪਾਰਬ੍ਰਹਮੁ ਰਿਦ ਮਾਹਿ ਸਮਾਇਆ॥੧॥		Paarabreham Ridh Maahi Samaaeiaa ||1||	I have found the Sublime Essence of the Lord. The Supreme Lord God has melted into my heart. ||1||	ਪਰਮਾਤਮਾ ਉਸ ਦੇ ਹਿਰਦੇ ਵਿਚ ਟਿਕ ਗਿਆ ॥੧॥
57646	1348	ਰਾਮ ਰਮਤ ਹਰਿ ਹਰਿ ਸੁਖੁ ਪਾਇਆ॥		Raam Ramath Har Har Sukh Paaeiaa ||	Dwelling on the Lord, Har, Har, I have found peace.	ਹੇ ਪ੍ਰਭੂ! ਉਸ ਮਨੁੱਖ ਨੇ ਸਦਾ ਤੇਰਾ ਹਰਿ-ਨਾਮ ਸਿਮਰਦਿਆਂ ਆਤਮਕ ਆਨੰਦ ਮਾਣਿਆ,
57647	1348	ਤੇਰੇ ਦਾਸ ਚਰਨ ਸਰਨਾਇਆ॥੧॥ਰਹਾਉ॥		Thaerae Dhaas Charan Saranaaeiaa ||1|| Rehaao ||	Your slaves seek the Sanctuary of Your Feet. ||1||Pause||	(ਜਿਹੜਾ) ਤੇਰੇ ਦਾਸਾਂ ਦੇ ਚਰਨਾਂ ਦੀ ਸਰਨ ਆ ਪਿਆ ॥੧॥ ਰਹਾਉ ॥
57648	1348	ਚੂਕਾ ਗਉਣੁ ਮਿਟਿਆ ਅੰਧਿਆਰੁ॥		Chookaa Goun Mittiaa Andhhiaar ||	The cycle of reincarnation is ended, and darkness is dispelled.	ਉਸ ਮਨੁੱਖ ਦੀ ਭਟਕਣਾ ਮੁੱਕ ਗਈ, (ਉਸ ਦੇ ਅੰਦਰੋਂ ਆਤਮਕ ਜੀਵਨ ਵਲੋਂ ਬੇਸਮਝੀ ਦਾ ਹਨੇਰਾ ਮਿਟ ਗਿਆ,

57649	1348	ਗੁਰਿ ਦਿਖਲਾਇਆ ਮੁਕਤਿ ਦੁਆਰੁ॥		Gur Dhikhalaaeiaa Mukath Dhuaar ||	The Guru has revealed the door of liberation.	(ਜਿਸ ਨੂੰ) ਗੁਰੂ ਨੇ ਵਿਕਾਰਾਂ ਤੋਂ ਖ਼ਲਾਸੀ ਪਾਣ ਦਾ (ਇਹ ਨਾਮ-ਸਿਮਰਨ ਵਾਲਾ) ਰਸਤਾ ਵਿਖਾ ਦਿੱਤਾ।
57650	1348	ਹਰਿ ਪ੍ਰੇਮ ਭਗਤਿ ਮਨੁ ਤਨੁ ਸਦ ਰਾਤਾ॥		Har Praem Bhagath Man Than Sadh Raathaa ||	My mind and body are forever imbued with loving devotion to the Lord.	ਉਸ ਦਾ ਮਨ ਉਸ ਦਾ ਤਨ ਪਰਮਾਤਮਾ ਦੀ ਪਿਆਰ-ਭਰੀ ਭਗਤੀ ਵਿਚ ਸਦਾ ਰੰਗਿਆ ਰਹਿੰਦਾ ਹੈ।
57651	1348	ਪ੍ਰਭੂ ਜਨਾਇਆ ਤਬ ਹੀ ਜਾਤਾ॥੨॥		Prabhoo Janaaeiaa Thab Hee Jaathaa ||2||	Now I know God, because He has made me know Him. ||2||	ਪਰ, ਇਹ ਸੂਝ ਤਦੋਂ ਹੀ ਪੈਂਦੀ ਹੈ ਜਦੋਂ ਪਰਮਾਤਮਾ ਆਪ ਸੂਝ ਬਖ਼ਸ਼ੇ ॥੨॥
57652	1348	ਘਟਿ ਘਟਿ ਅੰਤਰਿ ਰਵਿਆ ਸੋਇ॥		Ghatt Ghatt Anthar Raviaa Soe ||	He is contained in each and every heart.	(ਸੰਤ ਜਨਾਂ ਦੀ ਸਰਨ ਪੈ ਕੇ ਹਰਿ-ਨਾਮ ਸਿਮਰਦਿਆਂ ਇਹ ਸਮਝ ਆ ਜਾਂਦੀ ਹੈ ਕਿ) ਹਰੇਕ ਸਰੀਰ ਵਿਚ (ਸਭਨਾਂ ਜੀਵਾਂ ਦੇ) ਅੰਦਰ ਉਹ (ਪਰਮਾਤਮਾ) ਹੀ ਮੌਜੂਦ ਹੈ,
57653	1348	ਤਿਸੁ ਬਿਨੁ ਬੀਜੋ ਨਾਹੀ ਕੋਇ॥		This Bin Beejo Naahee Koe ||	Without Him, there is no one at all.	ਉਸ (ਪਰਮਾਤਮਾ) ਤੋਂ ਬਿਨਾ ਕੋਈ ਦੂਜਾ ਨਹੀਂ ਹੈ।
57654	1348	ਬੈਰ ਬਿਰੋਧ ਛੇਦੇ ਭੈ ਭਰਮਾਂ॥		Bair Birodhh Shhaedhae Bhai Bharamaan ||	Hatred, conflict, fear and doubt have been eliminated.	(ਸਿਮਰਨ ਦੀ ਬਰਕਤਿ ਨਾਲ ਮਨੁੱਖ ਦੇ ਅੰਦਰੋਂ) ਸਾਰੇ ਵੈਰ-ਵਿਰੋਧ ਸਾਰੇ ਡਰ ਭਰਮ ਕੱਟੇ ਜਾਂਦੇ ਹਨ।

57655	1348	ਪ੍ਰਭਿ ਪੁੰਨਿਆਤਮੈ ਕੀਨੇ ਧਰਮਾ॥੩॥	(ਪੁੰਨਿਆਤਮੈ) ਧਰਮਾਤਮਾ	Prabh Punn Aathamai Keenae Dhharamaa ||3||	God, the Soul of Pure Goodness, has manifested His Righteousness. ||3||	(ਪਰ ਇਹ ਦਰਜਾ ਉਸੇ ਨੂੰ ਮਿਲਿਆ, ਜਿਸ ਉੱਤੇ) ਪਵਿੱਤਰ ਆਤਮਾ ਵਾਲੇ ਪਰਮਾਤਮਾ ਨੇ ਆਪ ਮਿਹਰ ਕੀਤੀ ॥੩॥
57656	1348	ਮਹਾ ਤਰੰਗ ਤੇ ਕਾਂਢੈ ਲਾਗਾ॥		Mehaa Tharang Thae Kaandtai Laagaa ||	He has rescued me from the most dangerous waves.	ਉਹ ਮਨੁੱਖ (ਸੰਸਾਰ-ਸਮੁੰਦਰ ਦੀਆਂ) ਵੱਡੀਆਂ ਲਹਿਰਾਂ ਤੋਂ (ਬਚ ਕੇ) ਕੰਢੇ ਆ ਲੱਗਦਾ ਹੈ,
57657	1348	ਜਨਮ ਜਨਮ ਕਾ ਟੂਟਾ ਗਾਂਢਾ॥		Janam Janam Kaa Ttoottaa Gaandtaa ||	Separated from Him for countless lifetimes, I am united with Him once again.	ਅਨੇਕਾਂ ਹੀ ਜਨਮਾਂ ਦਾ ਵਿਛੁੜਿਆ ਹੋਇਆ ਉਹ ਫਿਰ ਪ੍ਰਭੂ ਚਰਨਾਂ ਨਾਲ ਜੁੜ ਜਾਂਦਾ ਹੈ,
57658	1348	ਜਪੁ ਤਪੁ ਸੰਜਮੁ ਨਾਮੁ ਸਮ੍ਹਾਲਿਆ॥		Jap Thap Sanjam Naam Samhaaliaa ||	Chanting, intense meditation and strict self-discipline are the contemplation of the Naam.	ਉਸ ਨੇ (ਆਪਣੇ ਹਿਰਦੇ ਵਿਚ) ਪਰਮਾਤਮਾ ਦਾ ਨਾਮ ਵਸਾਇਆ (ਇਹ ਹਰਿ-ਨਾਮ ਹੀ ਉਸ ਦੇ ਵਾਸਤੇ) ਜਪ ਤਪ ਸੰਜਮ ਹੁੰਦਾ ਹੈ,
57659	1348	ਅਪੁਨੈ ਠਾਕੁਰਿ ਨਦਰਿ ਨਿਹਾਲਿਆ॥੪॥		Apunai Thaakur Nadhar Nihaaliaa ||4||	My Lord and Master has blessed me with His Glance of Grace. ||4||	(ਜਿਸ ਮਨੁੱਖ ਨੂੰ) ਪਿਆਰੇ ਮਾਲਕ-ਪ੍ਰਭੂ ਨੇ ਮਿਹਰ ਦੀ ਨਿਗਾਹ ਨਾਲ ਵੇਖਿਆ ॥੪॥
57660	1348	ਮੰਗਲ ਸੂਖ ਕਲਿਆਣ ਤਿਥਾਈਂ॥		Mangal Sookh Kaliaan Thithhaaeen ||	Bliss, peace and salvation are found in that place,	ਉਥੇ ਹੀ ਸਾਰੇ ਸੁਖ ਸਾਰੀਆਂ ਖੁਸ਼ੀਆਂ ਸਾਰੇ ਆਨੰਦ ਹੁੰਦੇ ਹਨ,

57661	1349	ਜਹ ਸੇਵਕ ਗੋਪਾਲ ਗੁਸਾਈ॥	ਗੁਸਾਂਈਂ	Jeh Saevak Gopaal Gusaaee ||	Where the servants of the Lord of the World abide.	ਜਿੱਥੇ (ਸਾਧ ਸੰਗਤ ਵਿਚ) ਸ੍ਰਿਸ਼ਟੀ ਦੇ ਰੱਖਿਅਕ ਖਸਮ-ਪ੍ਰਭੂ ਦੇ ਭਗਤ-ਜਨ (ਰਹਿੰਦੇ ਹਨ)।
57662	1349	ਪ੍ਰਭ ਸੁਪ੍ਰਸੰਨ ਭਏ ਗੋਪਾਲ॥	ਸੁਪ੍ਰਸੰਨ	Prabh Suprasann Bheae Gopaal ||	God, the Lord of the World, is pleased and satisfied with me.	(ਉਥੇ ਸਾਧ ਸੰਗਤ ਵਿਚ ਜਿਹੜੇ ਮਨੁੱਖ ਟਿਕਦੇ ਹਨ, ਉਹਨਾਂ ਉੱਤੇ) ਜਗਤ-ਰੱਖਿਅਕ ਪ੍ਰਭੂ ਜੀ ਬਹੁਤ ਤ੍ਰੁੱਠਦੇ ਹਨ,
57663	1349	ਜਨਮ ਜਨਮ ਕੇ ਮਿਟੇ ਬਿਤਾਲ॥੫॥		Janam Janam Kae Mittae Bithaal ||5||	My disharmony with Him of so many lifetimes is ended. ||5||	(ਉਹਨਾਂ ਦੇ) ਅਨੇਕਾਂ ਜਨਮਾਂ ਦੇ ਬੇ-ਥਵ੍ਹੇ-ਪਨ ਮਿਟ ਜਾਂਦੇ ਹਨ ॥੫॥
57664	1349	ਹੋਮ ਜਗ ਉਰਧ ਤਪ ਪੂਜਾ॥	ਜੱਗ	Hom Jag Ouradhh Thap Poojaa ||	Burnt offerings, sacred feasts, intense meditations with the body upside-down, worship services	(ਉਸ ਨੇ, ਮਾਨੋ, ਅਨੇਕਾਂ) ਹੋਮ ਜੱਗ (ਕਰ ਲਏ। ਉਸ ਨੇ, ਮਾਨੋ,) ਉਲਟੇ ਲਟਕ ਕੇ ਤਪ (ਕਰ ਲਏ। ਉਸ ਨੇ, ਮਾਨੋ, ਦੇਵ) ਪੂਜਾ (ਕਰ ਲਈ),
57665	1349	ਕੋਟਿ ਤੀਰਥ ਇਸਨਾਨੁ ਕਰੀਜਾ॥		Kott Theerathh Eisanaan Kareejaa ||	And taking millions of cleansing baths at sacred shrines of pilgrimage	(ਉਸ ਨੇ ਮਾਨੋ) ਕ੍ਰੋੜਾਂ ਤੀਰਥਾਂ ਦਾ ਇਸ਼ਨਾਨ ਕਰ ਲਿਆ,
57666	1349	ਚਰਨਕਮਲ ਨਿਮਖ ਰਿਦੈ ਧਾਰੇ॥		Charan Kamal Nimakh Ridhai Dhhaarae ||	- the merits of all these are obtained by enshrining the Lord's Lotus Feet within the heart, even for an instant.	(ਸਾਧ ਸੰਗਤ ਦੀ ਬਰਕਤਿ ਨਾਲ ਜਿਹੜਾ ਮਨੁੱਖ) ਪਰਮਾਤਮਾ ਦੇ ਸੋਹਣੇ ਚਰਨ ਨਿਮਖ ਨਿਮਖ (ਹਰ ਵੇਲੇ) ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ,

57667	1349	ਗੋਬਿੰਦ ਜਪਤ ਸਭਿ ਕਾਰਜ ਸਾਰੇ॥੬॥		Gobindh Japath Sabh Kaaraj Saarae ||6||	Meditating on the Lord of the Universe, all one's affairs are resolved. ||6||	ਉਹ ਮਨੁੱਖ ਗੋਬਿੰਦ ਦਾ ਨਾਮ ਜਪਦਿਆਂ (ਅਪਣੇ) ਸਾਰੇ ਕੰਮ ਸੰਵਾਰ ਲੈਂਦਾ ਹੈ ॥੬॥
57668	1349	ਊਚੇ ਤੇ ਊਚਾ ਪ੍ਰਭ ਥਾਨੁ॥		Oochae Thae Oochaa Prabh Thhaan ||	God's Place is the highest of the high.	(ਸਾਧ ਸੰਗਤ ਦੀ ਬਰਕਤਿ ਨਾਲ ਇਹ ਸਮਝ ਆ ਜਾਂਦੀ ਹੈ ਕਿ) ਪਰਮਾਤਮਾ ਦਾ ਟਿਕਾਣਾ ਬਹੁਤ ਹੀ ਉੱਚਾ ਹੈ (ਬਹੁਤ ਹੀ ਉੱਚਾ ਆਤਮਕ ਜੀਵਨ ਹੀ ਉਸ ਦੇ ਚਰਨਾਂ ਨਾਲ ਮਿਲਾ ਸਕਦਾ ਹੈ)।
57669	1349	ਹਰਿ ਜਨ ਲਾਵਹਿ ਸਹਜਿ ਧਿਆਨੁ॥		Har Jan Laavehi Sehaj Dhhiaan ||	The Lord's humble servants intuitively focus their meditation on Him.	ਪ੍ਰਭੂ ਦੇ ਭਗਤ ਆਤਮਕ ਅਡੋਲਤਾ ਵਿਚ (ਉਸ ਪ੍ਰਭੂ ਵਿਚ) ਸੁਰਤ ਜੋੜੀ ਰੱਖਦੇ ਹਨ।
57670	1349	ਦਾਸ ਦਾਸਨ ਕੀ ਬਾਂਛਉ ਧੂਰਿ॥		Dhaas Dhaasan Kee Baanshho Dhhoor ||	I long for the dust of the slaves of the Lord's slaves.	ਉਸ ਪ੍ਰਭੂ ਦੇ ਦਾਸਾਂ ਦੇ ਦਾਸਾਂ ਦੀ ਚਰਨ-ਧੂੜ ਮੈਂ (ਭੀ) ਲੋਚਦਾ ਰਹਿੰਦਾ ਹਾਂ,
57671	1349	ਸਰਬ ਕਲਾ ਪ੍ਰੀਤਮ ਭਰਪੂਰਿ॥੭॥		Sarab Kalaa Preetham Bharapoor ||7||	My Beloved Lord is overflowing with all powers. ||7||	ਜਿਹੜਾ ਪ੍ਰਭੂ-ਪ੍ਰੀਤਮ ਸਾਰੀਆਂ ਤਾਕਤਾਂ ਦਾ ਮਾਲਕ ਹੈ ਜੋ ਸਭ ਥਾਈਂ ਮੌਜੂਦ ਹੈ ॥੭॥
57672	1349	ਮਾਤ ਪਿਤਾ ਹਰਿ ਪ੍ਰੀਤਮੁ ਨੇਰਾ॥		Maath Pithaa Har Preetham Naeraa ||	My Beloved Lord, my Mother and Father, is always near.	ਹੇ ਪ੍ਰਭੂ! ਤੂੰ ਹੀ ਮੇਰੀ ਮਾਂ ਹੈਂ ਮੇਰਾ ਪਿਉ ਹੈਂ ਪ੍ਰੀਤਮ ਹੈਂ ਮੇਰੇ ਹਰ ਵੇਲੇ ਨੇੜੇ ਰਹਿੰਦਾ ਹੈਂ।
57673	1349	ਮੀਤ ਸਾਜਨ ਭਰਵਾਸਾ ਤੇਰਾ॥		Meeth Saajan Bharavaasaa Thaeraa ||	O my Friend and Companion, You are my Trusted Support.	ਹੇ ਪ੍ਰਭੂ! ਤੂੰ ਹੀ ਮੇਰਾ ਮਿੱਤਰ ਹੈਂ, ਮੇਰਾ ਸੱਜਣ ਹੈਂ, ਮੈਨੂੰ ਤੇਰਾ ਹੀ ਸਹਾਰਾ ਹੈ।

57674	1349	ਕਰੁ ਗਹਿ ਲੀਨੇ ਅਪੁਨੇ ਦਾਸ॥		Kar Gehi Leenae Apunae Dhaas ||	God takes His slaves by the hand, and makes them His Own.	ਹੇ ਪ੍ਰਭੂ! ਆਪਣੇ ਦਾਸਾਂ ਨੂੰ (ਉਹਨਾਂ ਦਾ) ਹੱਥ ਫੜ ਕੇ ਤੂੰ ਆਪਣੇ ਬਣਾ ਲੈਂਦਾ ਹੈਂ।
57675	1349	ਜਪਿ ਜੀਵੈ ਨਾਨਕੁ ਗੁਣਤਾਸ ॥੮॥੩॥੨॥੭॥੧੨॥		Jap Jeevai Naanak Gunathaas ||8||3||2||7||12||	Nanak lives by meditating on the Lord, the Treasure of Virtue. ||8||3||2||7||12||	ਹੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ! (ਤੇਰਾ ਦਾਸ) ਨਾਨਕ (ਤੇਰਾ ਨਾਮ) ਜਪ ਕੇ (ਹੀ) ਆਤਮਕ ਜੀਵਨ ਹਾਸਲ ਕਰ ਰਿਹਾ ਹੈ ॥੮॥੩॥੨॥੭॥੧੨॥
57676	1349	ਬਿਭਾਸ ਪ੍ਰਭਾਤੀ ਬਾਣੀ ਭਗਤ ਕਬੀਰ ਜੀ ਕੀ		Bibhaas Prabhaathee Baanee Bhagath Kabeer Jee Kee	Bibhaas, Prabhaatee, The Word Of Devotee Kabeer Jee:	ਰਾਗ ਪ੍ਰਭਾਤੀ/ਬਿਭਾਗ ਵਿੱਚ ਭਗਤ ਕਬੀਰ ਜੀ ਦੀ ਬਾਣੀ।
57677	1349	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
57678	1349	ਮਰਨ ਜੀਵਨ ਕੀ ਸੰਕਾ ਨਾਸੀ॥		Maran Jeevan Kee Sankaa Naasee ||	My anxious fears of death and rebirth have been taken away.	(ਉਸ ਮਨੁੱਖ ਦਾ) ਇਹ ਤੌਖਲਾ ਮੁੱਕ ਜਾਂਦਾ ਹੈ ਕਿ ਜਨਮ ਮਰਨ ਦੇ ਗੇੜ ਵਿਚ ਪੈਣਾ ਪਏਗਾ,
57679	1349	ਆਪਨ ਰੰਗਿ ਸਹਜ ਪਰਗਾਸੀ॥੧॥		Aapan Rang Sehaj Paragaasee ||1||	The Celestial Lord has shown His Love for me. ||1||	ਕਿਉਂਕਿ ਪਰਮਾਤਮਾ ਆਪਣੀ ਮਿਹਰ ਨਾਲ (ਉਸ ਦੇ ਅੰਦਰ) ਆਤਮਕ ਅਡੋਲਤਾ ਦਾ ਪ੍ਰਕਾਸ਼ ਕਰ ਦੇਂਦਾ ਹੈ ॥੧॥

57680	1349	ਪ੍ਰਗਟੀ ਜੋਤਿ ਮਿਟਿਆ ਅੰਧਿਆਰਾ॥		Pragattee Joth Mittiaa Andhhiaaraa ||	The Divine Light has dawned, and darkness has been dispelled.	(ਉਸ ਮਨੁੱਖ ਦੇ ਅੰਦਰ) ਪ੍ਰਭੂ ਦੀ ਜੋਤਿ ਜਗ ਪੈਂਦੀ ਹੈ, ਤੇ (ਉਸ ਦੇ ਅੰਦਰੋਂ ਵਿਕਾਰ ਆਦਿਕਾਂ ਦਾ) ਹਨੇਰਾ ਮਿਟ ਜਾਂਦਾ ਹੈ,
57681	1349	ਰਾਮ ਰਤਨੁ ਪਾਇਆ ਕਰਤ ਬੀਚਾਰਾ॥੧॥ਰਹਾਉ ॥		Raam Rathan Paaeiaa Karath Beechaaraa ||1|| Rehaao ||	Contemplating the Lord, I have obtained the Jewel of His Name. ||1||Pause||	ਜਿਸ ਮਨੁੱਖ ਨੂੰ (ਪ੍ਰਭੂ ਦੇ ਨਾਮ ਵਿਚ) ਸੁਰਤ ਜੋੜਦਿਆਂ ਜੋੜਦਿਆਂ ਨਾਮ ਰਤਨ ਲੱਭ ਪੈਂਦਾ ਹੈ ॥੧॥ ਰਹਾਉ ॥
57682	1349	ਜਹ ਅਨੰਦੁ ਦੁਖੁ ਦੂਰਿ ਪਇਆਨਾ॥	ਪ-ਇਆਨਾ	Jeh Anandh Dhukh Dhoor Paeiaanaa ||	Pain runs far away from that place where there is bliss.	ਜਿਸ ਮਨ ਵਿਚ (ਪ੍ਰਭੂ ਦੇ ਮੇਲ ਦਾ) ਅਨੰਦ ਬਣ ਜਾਏ ਤੇ (ਦੁਨੀਆ ਵਾਲਾ) ਦੁੱਖ ਕਲੇਸ਼ ਨਾਸ ਹੋ ਜਾਏ,
57683	1349	ਮਨੁ ਮਾਨਕੁ ਲਿਵ ਤਤੁ ਲੁਕਾਨਾ॥੨॥	ਤੱਤੁ	Man Maanak Liv Thath Lukaanaa ||2||	The jewel of the mind is focused and attuned to the essence of reality. ||2||	ਉਹ ਮਨ (ਪ੍ਰਭੂ-ਚਰਨਾਂ ਵਿਚ) ਜੁੜਨ ਦੀ ਬਰਕਤਿ ਨਾਲ ਮੋਤੀ (ਵਰਗਾ ਕੀਮਤੀ) ਬਣ ਕੇ ਪ੍ਰਭੂ ਨੂੰ ਆਪਣੇ ਅੰਦਰ ਵਸਾ ਲੈਂਦਾ ਹੈ ॥੨॥
57684	1349	ਜੋ ਕਿਛੁ ਹੋਆ ਸੁ ਤੇਰਾ ਭਾਣਾ॥		Jo Kishh Hoaa S Thaeraa Bhaanaa ||	Whatever happens is by the Pleasure of Your Will.	ਹੇ ਪ੍ਰਭੂ! ਜਗਤ ਵਿਚ ਜੋ ਕੁਝ ਹੋ ਰਿਹਾ ਹੈ ਤੇਰੀ ਰਜ਼ਾ ਹੋ ਰਹੀ ਹੈ,

57685	1349	ਜੋ ਇਵ ਬੂਝੈ ਸੁ ਸਹਜਿ ਸਮਾਣਾ॥੩॥		Jo Eiv Boojhai S Sehaj Samaanaa ||3||	Whoever understands this, is intuitively merged in the Lord. ||3||	(ਤੇਰੇ ਨਾਮ ਵਿਚ ਸੁਰਤ ਜੋੜਦਿਆਂ ਜੋੜਦਿਆਂ) ਜਿਸ ਮਨੁੱਖ ਨੂੰ ਇਹ ਸੂਝ ਪੈ ਜਾਂਦੀ ਹੈ, ਉਹ ਮਨੁੱਖ ਸਦਾ ਅਡੋਲ ਅਵਸਥਾ ਵਿਚ ਟਿਕਿਆ ਰਹਿੰਦਾ ਹੈ (ਉਸ ਨੂੰ ਕਦੇ ਕੋਈ ਤੌਖਲਾ ਨਹੀਂ ਹੁੰਦਾ) ॥੩॥
57686	1349	ਕਹਤੁ ਕਬੀਰੁ ਕਿਲਬਿਖ ਗਏ ਖੀਣਾ॥		Kehath Kabeer Kilabikh Geae Kheenaa ||	Says Kabeer, my sins have been obliterated.	ਕਬੀਰ ਆਖਦਾ ਹੈ ਕਿ ਉਸ ਮਨੁੱਖ ਦੇ ਪਾਪ ਨਾਸ ਹੋ ਜਾਂਦੇ ਹਨ,
57687	1349	ਮਨੁ ਭਇਆ ਜਗਜੀਵਨ ਲੀਣਾ॥੪॥੧॥		Man Bhaeiaa Jagajeevan Leenaa ||4||1||	My mind has merged into the Lord, the Life of the World. ||4||1||	ਉਸ ਦਾ ਮਨ ਜਗਤ-ਦੇ-ਜੀਵਨ ਪ੍ਰਭੂ ਵਿਚ ਮਗਨ ਰਹਿੰਦਾ ਹੈ ॥੪॥੧॥
57688	1349	ਪ੍ਰਭਾਤੀ॥		Prabhaathee ||	Prabhaatee:	
57689	1349	ਅਲਹੁ ਏਕੁ ਮਸੀਤਿ ਬਸਤੁ ਹੈ ਅਵਰੁ ਮੁਲਖੁ ਕਿਸੁ ਕੇਰਾ॥	ਅੱਲਹੁ	Alahu Eaek Maseeth Basath Hai Avar Mulakh Kis Kaeraa ||	If the Lord Allah lives only in the mosque, then to whom does the rest of the world belong?	ਜੇ (ਉਹ) ਇਕ ਖ਼ੁਦਾ (ਸਿਰਫ਼) ਕਾਹਬੇ ਵਿਚ ਵੱਸਦਾ ਹੈ ਤਾਂ ਬਾਕੀ ਦਾ ਮੁਲਕ ਕਿਸ ਦਾ (ਕਿਹਾ ਜਾਏ)? (ਸੋ, ਮੁਸਲਮਾਨ ਦਾ ਇਹ ਅਕੀਦਾ ਠੀਕ ਨਹੀਂ ਹੈ)।
57690	1349	ਹਿੰਦੂ ਮੂਰਤਿ ਨਾਮ ਨਿਵਾਸੀ ਦੁਹ ਮਹਿ ਤਤੁ ਨ ਹੇਰਾ॥੧॥		Hindhoo Moorath Naam Nivaasee Dhuh Mehi Thath N Haeraa ||1||	According to the Hindus, the Lord's Name abides in the idol, but there is no truth in either of these claims. ||1||	ਹਿੰਦੂ ਪਰਮਾਤਮਾ ਦਾ ਨਿਵਾਸ ਮੂਰਤੀ ਵਿਚ ਸਮਝਦਾ ਹੈ; (ਇਸ ਤਰ੍ਹਾਂ ਹਿੰਦੂ ਮੁਸਲਮਾਨ) ਦੋਹਾਂ ਵਿਚੋਂ ਕਿਸੇ ਨੇ ਪਰਮਾਤਮਾ ਨੂੰ ਨਹੀਂ ਵੇਖਿਆ ॥੧॥

57691	1349	ਅਲਹ ਰਾਮ ਜੀਵਉ ਤੇਰੇ ਨਾਈ॥		Aleh Raam Jeevo Thaerae Naaee ||	O Allah, O Raam, I live by Your Name.	ਹੇ ਅੱਲਾਹ! ਹੇ ਰਾਮ! (ਮੈਂ ਤੈਨੂੰ ਇਕ ਹੀ ਜਾਣ ਕੇ) ਤੇਰਾ ਨਾਮ ਸਿਮਰ ਕੇ ਜੀਵਾਂ (ਆਤਮਕ ਜੀਵਨ ਹਾਸਲ ਕਰਾਂ)
57692	1349	ਤੂ ਕਰਿ ਮਿਹਰਾਮਤਿ ਸਾਈ॥੧॥ਰਹਾਉ॥	(ਮਿਹ-ਰਾਮਤਿ) ਮਿਣਤੀ ਰਹਿਤ ਮੇਹਰ ਕਰੋ। ਸਾਂਈਂ	Thoo Kar Miharaamath Saaee ||1|| Rehaao ||	Please show mercy to me, O Master. ||1||Pause||	ਹੇ ਸਾਈਂ! ਤੂੰ ਮੇਰੇ ਉੱਤੇ ਮਿਹਰ ਕਰ ॥੧॥ ਰਹਾਉ ॥
57693	1349	ਦਖਨ ਦੇਸਿ ਹਰੀ ਕਾ ਬਾਸਾ ਪਛਿਮਿ ਅਲਹ ਮੁਕਾਮਾ॥	ਦੱਖਨ। ਪੱ-ਛਿਮਿ। ਅੱਲਹ	Dhakhan Dhaes Haree Kaa Baasaa Pashhim Aleh Mukaamaa ||	The God of the Hindus lives in the southern lands, and the God of the Muslims lives in the west.	(ਹਿੰਦੂ ਆਖਦਾ ਹੈ ਕਿ) ਹਰੀ ਦਾ ਨਿਵਾਸ ਦੱਖਣ ਦੇਸ ਵਿਚ (ਜਗਨ ਨਾਥ ਪੁਰੀ ਵਿਚ) ਹੈ, ਮੁਸਲਮਾਨ ਆਖਦਾ ਹੈ ਕਿ ਖ਼ੁਦਾ ਦਾ ਘਰ ਪੱਛਮ ਵਲ (ਕਾਹਬੇ ਵਿਚ) ਹੈ।
57694	1349	ਦਿਲ ਮਹਿ ਖੋਜਿ ਦਿਲੈ ਦਿਲਿ ਖੋਜਹੁ ਏਹੀ ਠਉਰ ਮੁਕਾਮਾ॥੨॥		Dhil Mehi Khoj Dhilai Dhil Khojahu Eaehee Thour Mukaamaa ||2||	So search in your heart - look deep into your heart of hearts; this is the home and the place where God lives. ||2||	(ਪਰ ਹੇ ਸੱਜਣ!) ਆਪਣੇ ਦਿਲ ਵਿਚ (ਰੱਬ ਨੂੰ) ਭਾਲ, ਸਿਰਫ਼ ਦਿਲ ਵਿਚ ਹੀ ਲੱਭ, ਇਹ ਦਿਲ ਹੀ ਉਸ ਦਾ ਨਿਵਾਸ ਥਾਂ ਹੈ, ਉਸ ਦਾ ਮੁਕਾਮ ਹੈ ॥੨॥

57695	1349	ਬ੍ਰਹਮਨ ਗਿਆਸ ਕਰਹਿ ਚਉਬੀਸਾ ਕਾਜੀ ਮਹ ਰਮਜਾਨਾ॥	ਬ੍ਰਹਮਣ ਸਾਲ ਚ (ਚਉਬੀਸਾ) ਚੌਬੀ (ਗਿਆਸ) ਇਕਾਦਸੀਆਂ ਦੇ ਵ੍ਰੱਤ ਰੱਖਦੇ ਹਨ। ਕਾਜ਼ੀ (ਰਮਜਾਨਾ) ਰੋਜ਼ਿਆਂ ਦੇ (ਮਹ) ਮਹੀਨੇ ਰੋਜ਼ੇ ਰੱਖਦੇ ਹਨ। ਹਿਜ਼ਰੀ ਸਾਲ ਦੇ ਨੌਵੇਂ ਮਹੀਨੇ ਚ ਰੋਜ਼ੇ ਰੱਖਣੇ, ਇਸਲਾਮ ਦਾ ਨਿਯਮ ਹੈ	Brehaman Giaas Karehi Choubeesaa Kaajee Meh Ramajaanaa ||	The Brahmins observe twenty-four fasts during the year, and the Muslims fast during the month of Ramadaan.	ਬ੍ਰਾਹਮਣ ਚੌਵੀ ਇਕਾਦਸ਼ੀਆਂ (ਦੇ ਵਰਤ ਰੱਖਣ ਦੀ ਆਗਿਆ) ਕਰਦੇ ਹਨ, ਕਾਜ਼ੀ ਰਮਜ਼ਾਨ ਦੇ ਮਹੀਨੇ (ਰੋਜ਼ੇ ਰੱਖਣ ਦੀ ਹਿਦਾਇਤ) ਕਰਦੇ ਹਨ।
57696	1349	ਗਿਆਰਹ ਮਾਸ ਪਾਸ ਕੈ ਰਾਖੇ ਏਕੈ ਮਾਹਿ ਨਿਧਾਨਾ॥੩॥		Giaareh Maas Paas Kai Raakhae Eaekai Maahi Nidhhaanaa ||3||	The Muslims set aside eleven months, and claim that the treasure is only in the one month. ||3||	ਇਹ ਲੋਕ (ਬਾਕੀ ਦੇ) ਗਿਆਰਾਂ ਮਹੀਨੇ ਲਾਂਭੇ ਹੀ ਰੱਖ ਦੇਂਦੇ ਹਨ, ਤੇ (ਕੋਈ) ਖ਼ਜ਼ਾਨਾ ਇੱਕੋ ਹੀ ਮਹੀਨੇ ਵਿਚੋਂ ਲੱਭਦੇ ਹਨ ॥੩॥
57697	1349	ਕਹਾ ਉਡੀਸੇ ਮਜਨੁ ਕੀਆ ਕਿਆ ਮਸੀਤਿ ਸਿਰੁ ਨਾਂਏਂ॥	ਉੱਡੀਸੇ ਸਟੇਟ ਚ ਜਗਨਨਾਥ ਸ਼ਹਿਰ ਚ (ਮੱਜਨੁ) ਨ੍ਹਾਤੇ	Kehaa Ouddeesae Majan Keeaa Kiaa Maseeth Sir Naaneaen ||	What is the use of bathing at Orissa? Why do the Muslims bow their heads in the mosque?	(ਜੇ ਦਿਲ ਵਿਚ ਫ਼ਰੇਬ ਹੈ) ਤਾਂ ਨਾਹ ਤਾਂ ਉਡੀਸੇ ਜਗਨ ਨਾਥ ਪੁਰੀ ਵਿਚ ਇਸ਼ਨਾਨ ਕਰਨ ਦਾ ਕੋਈ ਲਾਭ ਹੈ, ਨਾਹ ਮਸੀਤ ਵਿਚ ਜਾ ਕੇ ਸਿਜਦਾ ਕਰਨ ਦਾ ਫ਼ਾਇਦਾ ਹੈ।

57698	1349	ਦਿਲ ਮਹਿ ਕਪਟੁ ਨਿਵਾਜ ਗੁਜਾਰੈ ਕਿਆ ਹਜ ਕਾਬੈ ਜਾਂਏਂ॥੪॥	ਹੱਜ	Dhil Mehi Kapatt Nivaaj Gujaarai Kiaa Haj Kaabai Jaaneaen ||4||	If someone has deception in his heart, what good is it for him to utter prayers? And what good is it for him to go on pilgrimage to Mecca? ||4||	(ਅਸਲ ਗੱਲ ਇਹ ਹੈ ਕਿ) ਜੇ ਦਿਲ ਵਿਚ ਠੱਗੀ ਫ਼ਰੇਬ ਵੱਸਦਾ ਹੈ, (ਤਾਂ) ਨਾਹ ਨਮਾਜ਼ ਪੜ੍ਹਨ ਦਾ ਲਾਭ ਹੈ, ਨਾਹ ਹੀ ਕਾਹਬੇ ਦਾ ਹੱਜ ਕਰਨ ਦਾ ਕੋਈ ਗੁਣ ਹੈ ॥੪॥
57699	1349	ਏਤੇ ਅਉਰਤ ਮਰਦਾ ਸਾਜੇ ਏ ਸਭ ਰੂਪ ਤੁਮ੍ਹਾਰੇ॥		Eaethae Aourath Maradhaa Saajae Eae Sabh Roop Thumhaarae ||	You fashioned all these men and women, Lord. All these are Your Forms.	ਹੇ ਪ੍ਰਭੂ! ਇਹ ਸਾਰੇ ਇਸਤ੍ਰੀ ਮਰਦ ਜੋ ਤੂੰ ਪੈਦਾ ਕੀਤੇ ਹਨ, ਇਹ ਸਭ ਤੇਰਾ ਹੀ ਰੂਪ ਹਨ (ਤੂੰ ਹੀ ਆਪ ਇਹਨਾਂ ਵਿਚ ਵੱਸਦਾ ਹੈਂ)।
57700	1349	ਕਬੀਰੁ ਪੂੰਗਰਾ ਰਾਮ ਅਲਹ ਕਾ ਸਭ ਗੁਰ ਪੀਰ ਹਮਾਰੇ॥੫॥		Kabeer Poongaraa Raam Aleh Kaa Sabh Gur Peer Hamaarae ||5||	Kabeer is the child of God, Allah, Raam. All the Gurus and prophets are mine. ||5||	ਤੂੰ ਹੀ, ਹੇ ਪ੍ਰਭੂ! ਅੱਲਾਹ ਹੈਂ ਤੇ ਰਾਮ ਹੈਂ। ਮੈਂ ਕਬੀਰ ਤੇਰਾ ਅੰਞਾਣ ਬੱਚਾ ਹਾਂ, (ਤੇਰੇ ਭੇਜੇ ਹੋਏ) ਅਵਤਾਰ ਪੈਗ਼ੰਬਰ ਮੈਨੂੰ ਸਭ ਆਪਣੇ ਦਿੱਸਦੇ ਹਨ ॥੫॥
57701	1349	ਕਹਤੁ ਕਬੀਰੁ ਸੁਨਹੁ ਨਰ ਨਰਵੈ ਪਰਹੁ ਏਕ ਕੀ ਸਰਨਾ॥	(ਨਰਵੈ) ਇਸਤ੍ਰੀਓ	Kehath Kabeer Sunahu Nar Naravai Parahu Eaek Kee Saranaa ||	Says Kabeer, listen, O men and women: seek the Sanctuary of the One.	ਕਬੀਰ ਆਖਦਾ ਹੈ ਕਿ ਹੇ ਨਰ ਨਾਰੀਓ! ਸੁਣੋ, ਇਕ ਪਰਮਾਤਮਾ ਦੀ ਸ਼ਰਨ ਪਵੋ (ਉਹੀ ਅੱਲਾਹ ਹੈ, ਉਹੀ ਰਾਮ ਹੈ)।

57702	1349	ਕੇਵਲ ਨਾਮੁ ਜਪਹੁ ਰੇ ਪ੍ਰਾਨੀ ਤਬ ਹੀ ਨਿਹਚੈ ਤਰਨਾ॥੬॥੨॥		Kaeval Naam Japahu Rae Praanee Thab Hee Nihachai Tharanaa ||6||2||	Chant the Naam, the Name of the Lord, O mortals, and you shall surely be carried across. ||6||2||	ਹੇ ਬੰਦਿਓ! ਸਿਰਫ਼ ਨਾਮ ਜਪੋ, ਯਕੀਨ ਨਾਲ ਜਾਣੋ, ਤਾਂ ਹੀ (ਸੰਸਾਰ-ਸਾਗਰ ਤੋਂ) ਤਰ ਸਕੋਗੇ ॥੬॥੨॥
57703	1349	ਪ੍ਰਭਾਤੀ॥		Prabhaathee ||	Prabhaatee:	
57704	1349	ਅਵਲਿ ਅਲਹ ਨੂਰੁ ਉਪਾਇਆ ਕੁਦਰਤਿ ਕੇ ਸਭ ਬੰਦੇ॥	ਅੱ-ਵਲਿ ਅੱਲਹ	Aval Aleh Noor Oupaaeiaa Kudharath Kae Sabh Bandhae ||	First, Allah created the Light; then, by His Creative Power, He made all mortal beings.	ਸਭ ਤੋਂ ਪਹਿਲਾਂ ਖ਼ੁਦਾ ਦਾ ਨੂਰ ਹੀ ਹੈ ਜਿਸ ਨੇ (ਜਗਤ) ਪੈਦਾ ਕੀਤਾ ਹੈ, ਇਹ ਸਾਰੇ ਜੀਅ-ਜੰਤ ਰੱਬ ਦੀ ਕੁਦਰਤ ਦੇ ਹੀ ਬਣਾਏ ਹੋਏ ਹਨ।
57705	1349	ਏਕ ਨੂਰ ਤੇ ਸਭੁ ਜਗੁ ਉਪਜਿਆ ਕਉਨ ਭਲੇ ਕੋ ਮੰਦੇ॥੧॥		Eaek Noor Thae Sabh Jag Oupajiaa Koun Bhalae Ko Mandhae ||1||	From the One Light, the entire universe welled up. So who is good, and who is bad? ||1||	ਇਕ ਪ੍ਰਭੂ ਦੀ ਹੀ ਜੋਤ ਤੋਂ ਸਾਰਾ ਜਗਤ ਪੈਦਾ ਹੋਇਆ ਹੈ। (ਤਾਂ ਫਿਰ ਕਿਸੇ ਜਾਤ ਮਜ਼ਹਬ ਦੇ ਭੁਲੇਖੇ ਵਿਚ ਪੈ ਕੇ) ਕਿਸੇ ਨੂੰ ਚੰਗਾ ਤੇ ਕਿਸੇ ਨੂੰ ਮੰਦਾ ਨਾਹ ਸਮਝੋ ॥੧॥
57706	1350	ਲੋਗਾ ਭਰਮਿ ਨ ਭੂਲਹੁ ਭਾਈ॥		Logaa Bharam N Bhoolahu Bhaaee ||	O people, O Siblings of Destiny, do not wander deluded by doubt.	ਹੇ ਲੋਕੋ! (ਰੱਬ ਦੀ ਹਸਤੀ ਬਾਰੇ) ਕਿਸੇ ਭੁਲੇਖੇ ਵਿਚ ਪੈ ਕੇ ਖ਼ੁਆਰ ਨਾਹ ਹੋਵੋ।

57707	1350	ਖਾਲਿਕੁ ਖਲਕ ਖਲਕ ਮਹਿ ਖਾਲਿਕੁ ਪੂਰਿ ਰਹਿਓ ਸ੍ਰਬ ਠਾਂਈ ॥੧॥ਰਹਾਉ॥		Khaalik Khalak Khalak Mehi Khaalik Poor Rehiou Srab Thaanee ||1|| Rehaao ||	The Creation is in the Creator, and the Creator is in the Creation, totally pervading and permeating all places. ||1||Pause||	ਉਹ ਰੱਬ ਸਾਰੀ ਖ਼ਲਕਤ ਨੂੰ ਪੈਦਾ ਕਰਨ ਵਾਲਾ ਹੈ ਤੇ ਸਾਰੀ ਖ਼ਲਕਤ ਵਿਚ ਮੌਜੂਦ ਹੈ, ਉਹ ਸਭ ਥਾਂ ਭਰਪੂਰ ਹੈ ॥੧॥ ਰਹਾਉ ॥
57708	1350	ਮਾਟੀ ਏਕ ਅਨੇਕ ਭਾਂਤਿ ਕਰਿ ਸਾਜੀ ਸਾਜਨਹਾਰੈ॥		Maattee Eaek Anaek Bhaanth Kar Saajee Saajanehaarai ||	The clay is the same, but the Fashioner has fashioned it in various ways.	ਸਿਰਜਨਹਾਰ ਨੇ ਇੱਕੋ ਹੀ ਮਿੱਟੀ ਤੋਂ (ਭਾਵ, ਇੱਕੋ ਜਿਹੇ ਹੀ ਤੱਤਾਂ ਤੋਂ) ਅਨੇਕਾਂ ਕਿਸਮਾਂ ਦੇ ਜੀਆ-ਜੰਤ ਪੈਦਾ ਕਰ ਦਿੱਤੇ ਹਨ।
57709	1350	ਨਾ ਕਛੁ ਪੋਚ ਮਾਟੀ ਕੇ ਭਾਂਡੇ ਨਾ ਕਛੁ ਪੋਚ ਕੁੰਭਾਰੈ॥੨॥	(ਪੋਚ) ਨਿਊਣਤਾਈ, ਛੋਟਾਪੁਣਾ	Naa Kashh Poch Maattee Kae Bhaanddae Naa Kashh Poch Kunbhaarai ||2||	There is nothing wrong with the pot of clay - there is nothing wrong with the Potter. ||2||	(ਜਿੱਥੋਂ ਤਕ ਜੀਵਾਂ ਦੇ ਅਸਲੇ ਦਾ ਸੰਬੰਧ ਹੈ) ਨਾਹ ਇਹਨਾਂ ਮਿੱਟੀ ਦੇ ਭਾਂਡਿਆਂ (ਭਾਵ, ਜੀਵਾਂ) ਵਿਚ ਕੋਈ ਊਣਤਾ ਹੈ, ਤੇ ਨਾਹ (ਇਹਨਾਂ ਭਾਂਡਿਆਂ ਦੇ ਬਣਾਣ ਵਾਲੇ) ਘੁਮਿਆਰ ਵਿਚ ॥੨॥
57710	1350	ਸਭ ਮਹਿ ਸਚਾ ਏਕੋ ਸੋਈ ਤਿਸ ਕਾ ਕੀਆ ਸਭੁ ਕਛੁ ਹੋਈ॥		Sabh Mehi Sachaa Eaeko Soee This Kaa Keeaa Sabh Kashh Hoee ||	The One True Lord abides in all; by His making, everything is made.	ਉਹ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਸਭ ਜੀਵਾਂ ਵਿਚ ਵੱਸਦਾ ਹੈ। ਜੋ ਕੁਝ ਜਗਤ ਵਿਚ ਹੋ ਰਿਹਾ ਹੈ, ਉਸੇ ਦਾ ਕੀਤਾ ਹੋ ਰਿਹਾ ਹੈ।

57711	1350	ਹੁਕਮੁ ਪਛਾਨੈ ਸੁ ਏਕੋ ਜਾਨੈ ਬੰਦਾ ਕਹੀਐ ਸੋਈ॥੩॥		Hukam Pashhaanai S Eaeko Jaanai Bandhaa Keheeai Soee ||3||	Whoever realizes the Hukam of His Command, knows the One Lord. He alone is said to be the Lord's slave. ||3||	ਉਹੀ ਮਨੁੱਖ ਰੱਬ ਦਾ (ਪਿਆਰਾ) ਬੰਦਾ ਕਿਹਾ ਜਾ ਸਕਦਾ ਹੈ, ਜੋ ਉਸ ਦੀ ਰਜ਼ਾ ਨੂੰ ਪਛਾਣਦਾ ਹੈ ਤੇ ਉਸ ਇਕ ਨਾਲ ਸਾਂਝ ਪਾਂਦਾ ਹੈ ॥੩॥
57712	1350	ਅਲਹੁ ਅਲਖੁ ਨ ਜਾਈ ਲਖਿਆ ਗੁਰਿ ਗੁੜੁ ਦੀਨਾ ਮੀਠਾ॥	ਅਲਖੁ: ਪੋਲਾ ਬੋਲੋ, ਅੱਲਹੁ।	Alahu Alakh N Jaaee Lakhiaa Gur Gurr Dheenaa Meethaa ||	The Lord Allah is Unseen; He cannot be seen. The Guru has blessed me with this sweet molasses.	ਉਹ ਰੱਬ ਐਸਾ ਹੈ ਜਿਸ ਦਾ ਮੁਕੰਮਲ ਸਰੂਪ ਬਿਆਨ ਤੋਂ ਪਰੇ ਹੈ, ਉਸ ਦੇ ਗੁਣ ਕਹੇ ਨਹੀਂ ਜਾ ਸਕਦੇ। ਮੇਰੇ ਗੁਰੂ ਨੇ (ਪ੍ਰਭੂ ਦੇ ਗੁਣਾਂ ਦੀ ਸੂਝ-ਰੂਪ) ਮਿੱਠਾ ਗੁੜ ਮੈਨੂੰ ਦਿੱਤਾ ਹੈ (ਜਿਸ ਦਾ ਸੁਆਦ ਤਾਂ ਮੈਂ ਨਹੀਂ ਦੱਸ ਸਕਦਾ, ਪਰ)
57713	1350	ਕਹਿ ਕਬੀਰ ਮੇਰੀ ਸੰਕਾ ਨਾਸੀ ਸਰਬ ਨਿਰੰਜਨੁ ਡੀਠਾ॥੪॥੩॥		Kehi Kabeer Maeree Sankaa Naasee Sarab Niranjan Ddeethaa ||4||3||	Says Kabeer, my anxiety and fear have been taken away; I see the Immaculate Lord pervading everywhere. ||4||3||	ਕਬੀਰ ਆਖਦਾ ਹੈ ਕਿ ਮੈਂ ਉਸ ਮਾਇਆ ਰਹਿਤ ਪ੍ਰਭੂ ਨੂੰ ਹਰ ਥਾਂ ਵੇਖ ਲਿਆ ਹੈ, ਮੈਨੂੰ ਇਸ ਵਿਚ ਕੋਈ ਸ਼ੱਕ ਨਹੀਂ ਰਿਹਾ (ਮੇਰਾ ਅੰਦਰ ਕਿਸੇ ਜਾਤ ਜਾਂ ਮਜ਼ਹਬ ਦੇ ਬੰਦਿਆਂ ਦੀ ਉੱਚਤਾ ਜਾਂ ਨੀਚਤਾ ਦਾ ਕਰਮ ਨਹੀਂ ਰਿਹਾ) ॥੪॥੩॥
57714	1350	ਪ੍ਰਭਾਤੀ॥		Prabhaathee ||	Prabhaatee:	

57715	1350	ਬੇਦ ਕਤੇਬ ਕਹਹੁ ਮਤ ਝੂਠੇ ਝੂਠਾ ਜੋ ਨ ਬਿਚਾਰੈ॥		Baedh Kathaeb Kehahu Math Jhoothae Jhoothaa Jo N Bichaarai ||	Do not say that the Vedas, the Bible and the Koran are false. Those who do not contemplate them are false.	(ਹੇ ਹਿੰਦੂ ਤੇ ਮੁਸਲਮਾਨ ਵੀਰੋ!) ਵੇਦਾਂ ਜਾਂ ਕੁਰਾਨ ਆਦਿਕ (ਇਕ ਦੂਜੇ ਦੀਆਂ) ਧਰਮ-ਪੁਸਤਕਾਂ ਨੂੰ ਝੂਠੀਆਂ ਨਾਹ ਆਖੋ। ਝੂਠਾ ਤਾਂ ਉਹ ਬੰਦਾ ਹੈ ਜੋ ਇਹਨਾਂ ਧਰਮ-ਪੁਸਤਕਾਂ ਦੀ ਵਿਚਾਰ ਨਹੀਂ ਕਰਦਾ।
57716	1350	ਜਉ ਸਭ ਮਹਿ ਏਕੁ ਖੁਦਾਇ ਕਹਤ ਹਉ ਤਉ ਕਿਉ ਮੁਰਗੀ ਮਾਰੈ॥੧॥	(ਕਹਤ) ਕਹਿੰਦੇ (ਹਉ) ਹੋਂ	Jo Sabh Mehi Eaek Khudhaae Kehath Ho Tho Kio Muragee Maarai ||1||	You say that the One Lord is in all, so why do you kill chickens? ||1||	(ਭਲਾ, ਹੇ ਮੁੱਲਾਂ!) ਜੇ ਤੂੰ ਇਹ ਆਖਦਾ ਹੈਂ ਕਿ ਖ਼ੁਦਾ ਸਭ ਜੀਵਾਂ ਵਿਚ ਮੌਜੂਦ ਹੈ ਤਾਂ (ਉਸ ਖ਼ੁਦਾ ਅੱਗੇ ਕੁਰਬਾਨੀ ਦੇਣ ਲਈ) ਮੁਰਗ਼ੀ ਕਿਉਂ ਮਾਰਦਾ ਹੈਂ? (ਕੀ ਉਸ ਮੁਰਗ਼ੀ ਵਿਚ ਉਹ ਆਪ ਨਹੀਂ ਹੈ? ਮੁਰਗ਼ੀ ਵਿਚ ਬੈਠੇ ਖ਼ੁਦਾ ਦੀ ਅੰਸ਼ ਨੂੰ ਮਾਰ ਕੇ ਖ਼ੁਦਾ ਦੇ ਅੱਗੇ ਹੀ ਭੇਟਾ ਕਰਨ ਦਾ ਕੀਹ ਭਾਵ ਹੈ? ॥੧॥
57717	1350	ਮੁਲਾਂ ਕਹਹੁ ਨਿਆਉ ਖੁਦਾਈ॥	ਮੁੱਲਾਂ	Mulaan Kehahu Niaao Khudhaaee ||	O Mullah, tell me: is this God's Justice?	ਹੇ ਮੁੱਲਾਂ! ਤੂੰ (ਹੋਰ ਲੋਕਾਂ ਨੂੰ ਤਾਂ) ਖ਼ੁਦਾ ਦਾ ਨਿਆਂ ਸੁਣਾਉਂਦਾ ਹੈਂ,
57718	1350	ਤੇਰੇ ਮਨ ਕਾ ਭਰਮੁ ਨ ਜਾਈ॥੧॥ਰਹਾਉ॥		Thaerae Man Kaa Bharam N Jaaee ||1|| Rehaao ||	The doubts of your mind have not been dispelled. ||1||Pause||	ਪਰ ਤੇਰੇ ਆਪਣੇ ਮਨ ਦਾ ਭੁਲੇਖਾ ਅਜੇ ਦੂਰ ਹੀ ਨਹੀਂ ਹੋਇਆ ॥੧॥ ਰਹਾਉ ॥

57719	1350	ਪਕਰਿ ਜੀਉ ਆਨਿਆ ਦੇਹ ਬਿਨਾਸੀ ਮਾਟੀ ਕਉ ਬਿਸਮਿਲਿ ਕੀਆ॥	ਕਲਮਾਂ ਪੜ੍ਹ ਕੇ ਗਰਦਨ ਤੇ ਢਾਈ ਛੁਰੀਆਂ ਫੇਰ ਕੇ (ਬਿਸਮਿਲਿ) ਕੋਹਿਆ। ਬਿਸ-ਮਿਲਿ: ਪੋਲਾ ਬੋਲੋ	Pakar Jeeo Aaniaa Dhaeh Binaasee Maattee Ko Bisamil Keeaa ||	You seize a living creature, and then bring it home and kill its body; you have killed only the clay.	ਹੇ ਮੁੱਲਾਂ! (ਮੁਰਗ਼ੀ ਆਦਿਕ) ਜੀਵ ਨੂੰ ਫੜ ਕੇ ਤੂੰ ਲੈ ਆਂਦਾ, ਉਸ ਦਾ ਸਰੀਰ ਤੂੰ ਨਾਸ ਕੀਤਾ, ਉਸ (ਦੇ ਜਿਸਮ) ਦੀ ਮਿੱਟੀ ਨੂੰ ਤੂੰ ਖ਼ੁਦਾ ਦੇ ਨਾਮ ਤੇ ਕੁਰਬਾਨ ਕੀਤਾ (ਭਾਵ, ਖ਼ੁਦਾ ਦੀ ਨਜ਼ਰ-ਭੇਟ ਕੀਤਾ)।
57720	1350	ਜੋਤਿ ਸਰੂਪ ਅਨਾਹਤ ਲਾਗੀ ਕਹੁ ਹਲਾਲੁ ਕਿਆ ਕੀਆ॥੨॥		Joth Saroop Anaahath Laagee Kahu Halaal Kiaa Keeaa ||2||	The light of the soul passes into another form. So tell me, what have you killed? ||2||	ਪਰ ਹੇ ਮੁੱਲਾਂ! ਜੋ ਖ਼ੁਦਾ ਨਿਰਾ ਨੂਰ ਹੀ ਨੂਰ ਹੈ, ਤੇ ਜੋ ਅਵਿਨਾਸ਼ੀ ਹੈ ਉਸ ਦੀ ਜੋਤ ਤਾਂ ਹਰ ਥਾਂ ਮੌਜੂਦ ਹੈ, (ਉਸ ਮੁਰਗ਼ੀ ਵਿਚ ਭੀ ਹੈ ਜੋ ਤੂੰ ਖ਼ੁਦਾ ਦੇ ਨਾਮ ਤੇ ਕੁਰਬਾਨ ਕਰਦਾ ਹੈਂ) ਤਾਂ ਫਿਰ, ਦੱਸ, ਤੂੰ ਰੱਬ ਦੇ ਨਾਮ ਤੇ ਕੁਰਬਾਨੀ ਦੇਣ ਦੇ ਲਾਇਕ ਕਿਹੜੀ ਚੀਜ਼ ਬਣਾਈ? ॥੨॥
57721	1350	ਕਿਆ ਉਜੂ ਪਾਕੁ ਕੀਆ ਮੁਹੁ ਧੋਇਆ ਕਿਆ ਮਸੀਤਿ ਸਿਰੁ ਲਾਇਆ॥	(ਉਜੂ) ਪੰਜ ਇਸ਼ਨਾਨਾ। ਮੱਥੇ ਤੋਂ ਲਾ ਕੇ ਠੋਡੀ ਤੱਕ (ਮੁਹੁ) ਮੂੰਹ ਧੋਣਾ	Kiaa Oujoo Paak Keeaa Muhu Dhhoeiaa Kiaa Maseeth Sir Laaeiaa ||	And what good are your purifications? Why do you bother to wash your face? And why do you bother to bow your head in the mosque?	ਹੇ ਮੁੱਲਾਂ! ਪੈਰ ਹੱਥ ਆਦਿਕ ਸਾਫ਼ ਕਰਨ ਦੀ ਰਸਮ ਦਾ ਕੀਹ ਲਾਭ? ਮੂੰਹ ਧੋਣ ਦਾ ਕੀਹ ਗੁਣ? ਮਸਜਦ ਵਿਚ ਜਾ ਕੇ ਸਜਦਾ ਕਰਨ ਦੀ ਕੀਹ ਲੋੜ?

57722	1350	ਜਉ ਦਿਲ ਮਹਿ ਕਪਟੁ ਨਿਵਾਜ ਗੁਜਾਰਹੁ ਕਿਆ ਹਜ ਕਾਬੈ ਜਾਇਆ॥੩॥	ਹੱਜ ਕੱਾਬੈ	Jo Dhil Mehi Kapatt Nivaaj Gujaarahu Kiaa Haj Kaabai Jaaeiaa ||3||	Your heart is full of hypocrisy; what good are your prayers or your pilgrimage to Mecca? ||3||	ਜੇ ਤੂੰ ਆਪਣੇ ਦਿਲ ਵਿਚ ਕਪਟ ਰੱਖ ਕੇ ਨਿਮਾਜ਼ ਪੜ੍ਹਦਾ ਹੈਂ, ਤਾਂ ਇਹ ਨਿਮਾਜ਼ ਦਾ ਕੀਹ ਫ਼ਾਇਦਾ? ਤੇ, ਕਾਹਬੇ ਦੇ ਹੱਜ ਦਾ ਕੀਹ ਫ਼ਾਇਦਾ? ॥੩॥
57723	1350	ਤੂੰ ਨਾਪਾਕੁ ਪਾਕੁ ਨਹੀ ਸੂਝਿਆ ਤਿਸ ਕਾ ਮਰਮੁ ਨ ਜਾਨਿਆ॥		Thoon Naapaak Paak Nehee Soojhiaa This Kaa Maram N Jaaniaa ||	You are impure; you do not understand the Pure Lord. You do not know His Mystery.	ਹੇ ਮੁੱਲਾਂ! ਤੂੰ ਅੰਦਰੋਂ ਤਾਂ ਪਲੀਤ ਹੀ ਰਿਹਾ, ਤੈਨੂੰ ਉਸ ਪਵਿੱਤਰ ਪ੍ਰਭੂ ਦੀ ਸਮਝ ਨਹੀਂ ਪਈ, ਤੂੰ ਉਸ ਦਾ ਭੇਤ ਨਹੀਂ ਪਾਇਆ।
57724	1350	ਕਹਿ ਕਬੀਰ ਭਿਸਤਿ ਤੇ ਚੂਕਾ ਦੋਜਕ ਸਿਉ ਮਨੁ ਮਾਨਿਆ॥੪॥੪॥		Kehi Kabeer Bhisath Thae Chookaa Dhojak Sio Man Maaniaa ||4||4||	Says Kabeer, you have missed out on paradise; your mind is set on hell. ||4||4||	ਕਬੀਰ ਆਖਦਾ ਹੈ ਕਿ (ਇਸ ਭੁਲੇਖੇ ਵਿਚ ਫਸੇ ਰਹਿ ਕੇ) ਤੂੰ ਬਹਿਸ਼ਤ ਤੋਂ ਖੁੰਝ ਗਿਆ ਹੈਂ, ਤੇ ਦੋਜ਼ਕ ਨਾਲ ਤੇਰਾ ਮਨ ਪਤੀਜ ਗਿਆ ਹੈ ॥੪॥੪॥
57725	1350	ਪ੍ਰਭਾਤੀ॥		Prabhaathee ||	Prabhaatee:	

57726	1350	ਸੁੰਨ ਸੰਧਿਆ ਤੇਰੀ ਦੇਵ ਦੇਵਾ ਕਰ ਅਧਪਤਿ ਆਦਿ ਸਮਾਈ॥	(ਅਦਪਤਿ) ਰਾਜੇ, ਪ੍ਰਮੇਸ਼ਰ। (ਦੂਜਾ ਪਾਠ: ਦੇਵਾਕਰ)	Sunn Sandhhiaa Thaeree Dhaev Dhaevaakar Adhhapath Aadh Samaaee ||	Hear my prayer, Lord; You are the Divine Light of the Divine, the Primal, All-pervading Master.	ਹੇ ਦੇਵ! ਹੇ ਚਾਨਣ ਦੀ ਖਾਣ! ਹੇ ਜਗਤ ਦੇ ਮਾਲਕ! ਹੇ ਸਭ ਦੇ ਮੂਲ! ਹੇ ਸਰਬ ਵਿਆਪਕ ਪ੍ਰਭੂ! (ਤੂੰ ਮਾਇਆ ਤੋਂ ਰਹਿਤ ਹੈਂ, ਸੋ) ਮਾਇਆ ਦੇ ਫੁਰਨਿਆਂ ਵਲੋਂ ਮਨ ਨੂੰ ਸਾਫ਼ ਰੱਖਣਾ (ਤੇ ਤੇਰੇ ਚਰਨਾਂ ਵਿਚ ਹੀ ਜੁੜੇ ਰਹਿਣਾ) ਇਹ ਤੇਰੀ ਆਰਤੀ ਕਰਨੀ ਹੈ।
57727	1350	ਸਿਧ ਸਮਾਧਿ ਅੰਤੁ ਨਹੀ ਪਾਇਆ ਲਾਗਿ ਰਹੇ ਸਰਨਾਈ॥੧॥		Sidhh Samaadhh Anth Nehee Paaeiaa Laag Rehae Saranaaee ||1||	The Siddhas in Samaadhi have not found Your limits. They hold tight to the Protection of Your Sanctuary. ||1||	ਜੋਗ-ਅੱਭਿਆਸ ਵਿਚ ਨਿਪੁੰਨ ਜੋਗੀਆਂ ਨੇ ਸਮਾਧੀਆਂ ਲਾ ਕੇ ਭੀ ਤੇਰਾ ਅੰਤ ਨਹੀਂ ਲੱਭਾ ਉਹ ਆਖ਼ਰ ਤੇਰੀ ਸ਼ਰਨ ਲੈਂਦੇ ਹਨ ॥੧॥
57728	1350	ਲੇਹੁ ਆਰਤੀ ਹੋ ਪੁਰਖ ਨਿਰੰਜਨ ਸਤਿਗੁਰ ਪੂਜਹੁ ਭਾਈ॥		Laehu Aarathee Ho Purakh Niranjan Sathigur Poojahu Bhaaee ||	Worship and adoration of the Pure, Primal Lord comes by worshipping the True Guru, O Siblings of Destiny.	ਗੁਰੂ ਦੇ ਦੱਸੇ ਹੋਏ ਰਾਹ ਤੇ ਤੁਰੋ, ਤੇ ਉਸ ਪ੍ਰਭੂ ਦੀ ਆਰਤੀ ਉਤਾਰੋ ਜੋ ਮਾਇਆ ਤੋਂ ਰਹਿਤ ਹੈ ਤੇ ਜੋ ਸਭ ਵਿਚ ਵਿਆਪਕ ਹੈ,
57729	1350	ਠਾਢਾ ਬ੍ਰਹਮਾ ਨਿਗਮ ਬੀਚਾਰੈ ਅਲਖੁ ਨ ਲਖਿਆ ਜਾਈ॥੧॥ਰਹਾਉ॥		Thaadtaa Brehamaa Nigam Beechaarai Alakh N Lakhiaa Jaaee ||1|| Rehaao ||	Standing at His Door, Brahma studies the Vedas, but he cannot see the Unseen Lord. ||1||Pause||	ਜਿਸ ਦੇ ਕੋਈ ਖ਼ਾਸ ਚਿਹਨ-ਚੱਕ੍ਰ ਨਹੀਂ ਹਨ, ਜਿਸ ਦੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ ਤੇ ਜਿਸ ਦੇ ਦਰ ਤੇ ਖਲੋਤਾ ਬ੍ਰਹਮਾ ਵੇਦ ਵਿਚਾਰ ਰਿਹਾ ਹੈ ॥੧॥ ਰਹਾਉ ॥

57730	1350	ਤਤੁ ਤੇਲੁ ਨਾਮੁ ਕੀਆ ਬਾਤੀ ਦੀਪਕੁ ਦੇਹ ਉਜ੍ਹਾਰਾ॥	ਤਤੁ ਵਿਆਪਕ ਬ੍ਰਹਮ ਜੀ। ਉਜਿਆਰਾ	Thath Thael Naam Keeaa Baathee Dheepak Dhaeh Oujyaaraa ||	With the oil of knowledge about the essence of reality, and the wick of the Naam, the Name of the Lord, this lamp illluminates my body.	(ਜਿਸ ਨੇ ਆਰਤੀ ਦਾ ਇਹ ਭੇਤ ਸਮਝਿਆ ਹੈ ਉਸ ਨੇ) ਗਿਆਨ ਨੂੰ ਤੇਲ ਬਣਾਇਆ ਹੈ, ਨਾਮ ਨੂੰ ਵੱਟੀ ਤੇ ਸਰੀਰ ਵਿਚ (ਨਾਮ ਦੇ) ਚਾਨਣ ਨੂੰ ਹੀ ਦੀਵਾ ਬਣਾਇਆ ਹੈ।
57731	1350	ਜੋਤਿ ਲਾਇ ਜਗਦੀਸ ਜਗਾਇਆ ਬੂਝੈ ਬੂਝਨਹਾਰਾ॥੨॥		Joth Laae Jagadhees Jagaaeiaa Boojhai Boojhanehaaraa ||2||	I have applied the Light of the Lord of the Universe, and lit this lamp. God the Knower knows. ||2||	ਇਹ ਦੀਵਾ ਉਸ ਨੇ ਜਗਤ ਦੇ ਮਾਲਕ ਪ੍ਰਭੂ ਦੀ ਜੋਤ (ਵਿਚ ਜੁੜ ਕੇ) ਜਗਾਇਆ ਹੈ। ਕੋਈ ਵਿਰਲਾ ਗਿਆਨਵਾਨ (ਪ੍ਰਭੂ ਦੀ ਆਰਤੀ ਦਾ ਭੇਤ) ਸਮਝਦਾ ਹੈ ॥੨॥
57732	1350	ਪੰਚੇ ਸਬਦ ਅਨਾਹਦ ਬਾਜੇ ਸੰਗੇ ਸਾਰਿੰਗਪਾਨੀ॥		Panchae Sabadh Anaahadh Baajae Sangae Saaringapaanee ||	The Unstruck Melody of the Panch Shabad, the Five Primal Sounds, vibrates and resounds. I dwell with the Lord of the World.	(ਹੇ ਪ੍ਰਭੂ! ਇਸ ਆਰਤੀ ਦੀ ਬਰਕਤਿ ਨਾਲ) ਤੂੰ ਮੈਨੂੰ ਅੰਗ-ਸੰਗ ਦਿੱਸ ਰਿਹਾ ਹੈਂ (ਤੇ ਮੇਰੇ ਅੰਦਰ ਇਕ ਐਸਾ ਆਨੰਦ ਬਣ ਰਿਹਾ ਹੈ, ਮਾਨੋ) ਪੰਜ ਹੀ ਕਿਸਮਾਂ ਦੇ ਸਾਜ਼ (ਮੇਰੇ ਅੰਦਰ) ਇੱਕ-ਰਸ ਵੱਜ ਰਹੇ ਹਨ।
57733	1350	ਕਬੀਰ ਦਾਸ ਤੇਰੀ ਆਰਤੀ ਕੀਨੀ ਨਿਰੰਕਾਰ ਨਿਰਬਾਨੀ॥੩॥੫॥		Kabeer Dhaas Thaeree Aarathee Keenee Nirankaar Nirabaanee ||3||5||	Kabeer, Your slave, performs this Aartee, this lamp-lit worship service for You, O Formless Lord of Nirvaanaa. ||3||5||	ਹੇ ਵਾਸ਼ਨਾ-ਰਹਿਤ ਨਿਰੰਕਾਰ! ਹੇ ਸਾਰਿੰਗਪਾਣ! ਮੈਂ ਤੇਰੇ ਦਾਸ ਕਬੀਰ ਨੇ ਭੀ ਤੇਰੀ (ਇਹੋ ਜਿਹੀ ਹੀ) ਆਰਤੀ ਕੀਤੀ ਹੈ ॥੩॥੫॥

57734	1350	ਪ੍ਰਭਾਤੀ ਬਾਣੀ ਭਗਤ ਨਾਮਦੇਵ ਜੀ ਕੀ		Prabhaathee Baanee Bhagath Naamadhaev Jee Kee	Prabhaatee, The Word Of Devotee Naam Dayv Jee:	ਰਾਗ ਪ੍ਰਭਾਤੀ ਵਿੱਚ ਭਗਤ ਨਾਮਦੇਵ ਜੀ ਦੀ ਬਾਣੀ।
57735	1350	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
57736	1350	ਮਨ ਕੀ ਬਿਰਥਾ ਮਨੁ ਹੀ ਜਾਨੈ ਕੈ ਬੂਝਲ ਆਗੈ ਕਹੀਐ॥	ਅਪਣੇ ਸਿੱਖ ਦੇ ਮਨ ਨੂੰ ਅਕਾਲ ਜੀ ਚ ਲੀਣ ਕਰਨ ਵਾਲੇ, ਮਨ ਦੀ (ਬੂਝਲ) ਬੁੱਝਣ ਵਾਲੇ ਅੰਤਰਜਾਮੀ ਸਤਿਗੁਰੂ	Man Kee Birathhaa Man Hee Jaanai Kai Boojhal Aagai Keheeai ||	The mind alone knows the state of the mind; I tell it to the Knowing Lord.	ਮਨ ਦਾ ਦੁੱਖ-ਕਲੇਸ਼ ਜਾਂ (ਦੁਖੀਏ ਦਾ) ਆਪਣਾ ਮਨ ਜਾਣਦਾ ਹੈ ਜਾਂ (ਅੰਤਰਜਾਮੀ ਪ੍ਰਭੂ ਜਾਣਦਾ ਹੈ, ਸੋ ਜੇ ਆਖਣਾ ਹੋਵੇ ਤਾਂ) ਉਸ ਅੰਤਰਜਾਮੀ ਅੱਗੇ ਆਖਣਾ ਚਾਹੀਦਾ ਹੈ।
57737	1350	ਅੰਤਰਜਾਮੀ ਰਾਮੁ ਰਵਾਂਈ ਮੈ ਡਰੁ ਕੈਸੇ ਚਹੀਐ॥੧॥		Antharajaamee Raam Ravaanee Mai Ddar Kaisae Cheheeai ||1||	I chant the Name of the Lord, the Inner-knower, the Searcher of hearts - why should I be afraid? ||1||	ਮੈਨੂੰ ਤਾਂ ਹੁਣ ਕੋਈ (ਦੁੱਖਾਂ ਦਾ) ਡਰ ਰਿਹਾ ਹੀ ਨਹੀਂ, ਕਿਉਂਕਿ ਮੈਂ ਉਸ ਅੰਤਰਜਾਮੀ ਪਰਮਾਤਮਾ ਨੂੰ ਸਿਮਰ ਰਿਹਾ ਹਾਂ ॥੧॥
57738	1350	ਬੇਧੀਅਲੇ ਗੋਪਾਲ ਗੁੋਸਾਈ॥		Baedhheealae Gopaal Guosaaee ||	My mind is pierced through by the love of the Lord of the World.	ਮੇਰੇ ਗੋਪਾਲ ਗੋਸਾਈਂ ਨੇ ਮੈਨੂੰ (ਆਪਣੇ ਚਰਨਾਂ ਵਿਚ ਵਿੰਨ੍ਹ ਲਿਆ ਹੈ,

57739	1350	ਮੇਰਾ ਪ੍ਰਭੁ ਰਵਿਆ ਸਰਬੇ ਠਾਈ॥੧॥ਰਹਾਉ॥		Maeraa Prabh Raviaa Sarabae Thaaee ||1|| Rehaao ||	My God is All-pervading everywhere. ||1||Pause||	ਹੁਣ ਮੈਨੂੰ ਉਹ ਪਿਆਰਾ ਪ੍ਰਭੂ ਸਭ ਥਾਂ ਵੱਸਦਾ ਦਿਸਦਾ ਹੈ ॥੧॥ ਰਹਾਉ ॥
57740	1350	ਮਾਨੈ ਹਾਟੁ ਮਾਨੈ ਪਾਟੁ ਮਾਨੈ ਹੈ ਪਾਸਾਰੀ॥		Maanai Haatt Maanai Paatt Maanai Hai Paasaaree ||	The mind is the shop, the mind is the town, and the mind is the shopkeeper.	(ਉਸ ਅੰਤਰਜਾਮੀ ਦਾ ਮਨੁੱਖ ਦੇ) ਮਨ ਵਿਚ ਹੀ ਹੱਟ ਹੈ, ਮਨ ਵਿਚ ਹੀ ਸ਼ਹਿਰ ਹੈ, ਤੇ ਮਨ ਵਿਚ ਹੀ ਉਹ ਹੱਟ ਚਲਾ ਰਿਹਾ ਹੈ,
57741	1350	ਮਾਨੈ ਬਾਸੈ ਨਾਨਾ ਭੇਦੀ ਭਰਮਤੁ ਹੈ ਸੰਸਾਰੀ॥੨॥	(ਮਾਨੈ) ਮਨ। ਨ੍ਾਨ੍ਾ। ਭੇਦੀਂ	Maanai Baasai Naanaa Bhaedhee Bharamath Hai Sansaaree ||2||	The mind abides in various forms, wandering all across the world. ||2||	ਉਹ ਅਨੇਕ ਰੂਪਾਂ ਰੰਗਾਂ ਵਾਲਾ ਪ੍ਰਭੂ (ਮਨੁੱਖ ਦੇ) ਮਨ ਵਿਚ ਹੀ ਵੱਸਦਾ ਹੈ। ਪਰ ਸੰਸਾਰ ਨਾਲ ਮੋਹ ਰੱਖਣ ਵਾਲਾ ਮਨੁੱਖ ਬਾਹਰ ਭਟਕਦਾ ਫਿਰਦਾ ਹੈ ॥੨॥
57742	1350	ਗੁਰ ਕੈ ਸਬਦਿ ਏਹੁ ਮਨੁ ਰਾਤਾ ਦੁਬਿਧਾ ਸਹਜਿ ਸਮਾਣੀ॥		Gur Kai Sabadh Eaehu Man Raathaa Dhubidhhaa Sehaj Samaanee ||	This mind is imbued with the Word of the Guru's Shabad, and duality is easily overcome.	ਜਿਸ ਮਨੁੱਖ ਦਾ ਇਹ ਮਨ ਸਤਿਗੁਰੂ ਦੇ ਸ਼ਬਦ ਵਿਚ ਰੰਗਿਆ ਗਿਆ ਹੈ, ਉਸ ਦੀ ਮੇਰ-ਤੇਰ ਅਡੋਲ ਆਤਮਕ ਅਵਸਥਾ ਵਿਚ ਲੀਨ ਹੋ ਗਈ ਹੈ,

57743	1351	ਸਭੋ ਹੁਕਮੁ ਹੁਕਮੁ ਹੈ ਆਪੇ ਨਿਰਭਉ ਸਮਤੁ ਬੀਚਾਰੀ॥੩॥	ਸਮ-ਤੁ	Sabho Hukam Hukam Hai Aapae Nirabho Samath Beechaaree ||3||	He Himself is the Commander; all are under His Command. The Fearless Lord looks on all alike. ||3||	ਉਹ ਸਮ-ਦਰਸੀ ਹੋ ਜਾਂਦਾ ਹੈ, ਉਹ ਨਿਡਰ ਹੋ ਜਾਂਦਾ ਹੈ ਕਿਉਂਕਿ ਉਸ ਨੂੰ (ਹਰ ਥਾਂ) ਪ੍ਰਭੂ ਦਾ ਹੀ ਹੁਕਮ ਵਰਤਦਾ ਦਿੱਸਦਾ ਹੈ, ਪ੍ਰਭੂ ਆਪ ਹੀ ਹੁਕਮ ਚਲਾ ਰਿਹਾ ਜਾਪਦਾ ਹੈ ॥੩॥
57744	1351	ਜੋ ਜਨ ਜਾਨਿ ਭਜਹਿ ਪੁਰਖੋਤਮੁ ਤਾ ਚੀ ਅਬਿਗਤੁ ਬਾਣੀ॥	ਤਾ ਤਿਨ੍ਹਾਂ। ਚੀ ਦੀ। ਭਜਹਿ: ਪੋਲਾ ਬੋਲੋ	Jo Jan Jaan Bhajehi Purakhotham Thaa Chee Abigath Baanee ||	That humble being who knows, and meditates on the Supreme Primal Being - his word becomes eternal.	ਜੋ ਮਨੁੱਖ ਉੱਤਮ ਪੁਰਖ ਪ੍ਰਭੂ ਨੂੰ (ਇਉਂ ਸਰਬ-ਵਿਆਪਕ) ਜਾਣ ਕੇ ਸਿਮਰਦੇ ਹਨ, ਉਹਨਾਂ ਦੀ ਬਾਣੀ ਹੀ ਪ੍ਰਭੂ ਦਾ ਨਾਮ ਬਣ ਜਾਂਦਾ ਹੈ (ਭਾਵ, ਉਹ ਹਰ ਵੇਲੇ ਸਿਫ਼ਤ-ਸਾਲਾਹ ਹੀ ਕਰਦੇ ਹਨ)।
57745	1351	ਨਾਮਾ ਕਹੈ ਜਗਜੀਵਨੁ ਪਾਇਆ ਹਿਰਦੈ ਅਲਖ ਬਿਡਾਣੀ॥੪॥੧॥	ਜੱਗਜੀਵਨੁ	Naamaa Kehai Jagajeevan Paaeiaa Hiradhai Alakh Biddaanee ||4||1||	Says Naam Dayv, I have found the Invisible, Wondrous Lord, the Life of the World, within my heart. ||4||1||	ਨਾਮਦੇਵ ਆਖਦਾ ਹੈ ਉਹਨਾਂ ਬੰਦਿਆਂ ਨੇ ਅਸਚਰਜ ਅਲੱਖ ਤੇ ਜਗਤ-ਦੇ-ਜੀਵਨ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਹੀ ਲੱਭ ਲਿਆ ਹੈ ॥੪॥੧॥
57746	1351	ਪ੍ਰਭਾਤੀ॥		Prabhaathee ||	Prabhaatee:	
57747	1351	ਆਦਿ ਜੁਗਾਦਿ ਜੁਗਾਦਿ ਜੁਗੋ ਜੁਗੁ ਤਾ ਕਾ ਅੰਤੁ ਨ ਜਾਨਿਆ॥		Aadh Jugaadh Jugaadh Jugo Jug Thaa Kaa Anth N Jaaniaa ||	He existed in the beginning, in the primeval age, and all throughout the ages; His limits cannot be known.	(ਉਹ ਪ੍ਰਭੂ) ਸਾਰੇ ਸੰਸਾਰ ਦਾ ਮੂਲ ਹੈ, ਜੁਗਾਂ ਦੇ ਆਦਿ ਤੋਂ ਹੈ, ਹਰੇਕ ਜੁਗ ਵਿਚ ਮੌਜੂਦ ਹੈ, ਉਸ ਦੇ ਗੁਣਾਂ ਦਾ ਕਿਸੇ ਨੇ ਅੰਤ ਨਹੀਂ ਪਾਇਆ।

57748	1351	ਸਰਬ ਨਿਰੰਤਰਿ ਰਾਮੁ ਰਹਿਆ ਰਵਿ ਐਸਾ ਰੂਪੁ ਬਖਾਨਿਆ॥੧॥		Sarab Niranthar Raam Rehiaa Rav Aisaa Roop Bakhaaniaa ||1||	The Lord is pervading and permeating amongst all; this is how His Form can be described. ||1||	ਉਹ ਰਾਮ ਸਭ ਜੀਵਾਂ ਵਿਚ ਇਕ-ਰਸ ਵਿਆਪਕ ਹੈ, (ਸਭ ਧਰਮ-ਪੁਸਤਕਾਂ ਨੇ) ਉਸ ਰਾਮ ਦਾ ਕੁਝ ਇਹੋ ਜਿਹਾ ਸਰੂਪ ਬਿਆਨ ਕੀਤਾ ਹੈ ॥੧॥
57749	1351	ਗੋਬਿਦੁ ਗਾਜੈ ਸਬਦੁ ਬਾਜੈ॥	ਗਾੱਜੈ	Gobidh Gaajai Sabadh Baajai ||	The Lord of the Universe appears when the Word of His Shabad is chanted.	ਜਦ (ਹਿਰਦੇ ਵਿਚ ਗੁਰੂ ਦਾ) ਗੋਬਿੰਦ-ਨਾਮ ਦਾ ਸ਼ਬਦ-ਵਾਜਾ ਵੱਜਦਾ ਹੈ,
57750	1351	ਆਨਦ ਰੂਪੀ ਮੇਰੋ ਰਾਮਈਆ॥੧॥ਰਹਾਉ॥	ਰਾ-ਮਈਆ	Aanadh Roopee Maero Raameeaa ||1|| Rehaao ||	My Lord is the Embodiment of Bliss. ||1||Pause||	ਤਾਂ ਮੇਰਾ ਸੋਹਣਾ ਸੁਖ-ਸਰੂਪ ਰਾਮ ਪਰਗਟ ਹੋ ਜਾਂਦਾ ਹੈ ॥੧॥ ਰਹਾਉ ॥
57751	1351	ਬਾਵਨ ਬੀਖੂ ਬਾਨੈ ਬੀਖੇ ਬਾਸੁ ਤੇ ਸੁਖ ਲਾਗਿਲਾ॥	(ਬਾਵਨ) ਚੰਦਨ ਬੀਖੂ ਬ੍ਰਿੱਛ। (ਬਾਨੈ) ਬਨ। (ਬੀਖੇ) ਵਿੱਚ। ਲਾਗਿ-ਲਾ	Baavan Beekhoo Baanai Beekhae Baas Thae Sukh Laagilaa ||	The beautiful fragrance of sandalwood emanates from the sandalwood tree, and attaches to the other trees of the forest.	ਜਿਵੇਂ ਜੰਗਲ ਵਿਚ ਚੰਦਨ ਦੇ ਬੂਟੇ ਤੋਂ (ਸਭ ਨੂੰ) ਸੁਗੰਧੀ ਦਾ ਸੁਖ ਮਿਲਦਾ ਹੈ (ਉਸ ਦੀ ਸੰਗਤ ਨਾਲ ਸਾਧਾਰਨ) ਰੁੱਖ ਚੰਦਨ ਵਾਂਗ ਬਣ ਜਾਂਦਾ ਹੈ;

57752	1351	ਸਰਬੇ ਆਦਿ ਪਰਮਲਾਦਿ ਕਾਸਟ ਚੰਦਨੁ ਭੈਇਲਾ॥੨॥	ਭੈ-ਇਲਾ ਹੋ ਜਾਂਦਾ ਹੈ	Sarabae Aadh Paramalaadh Kaasatt Chandhan Bhaieilaa ||2||	God, the Primal Source of everything, is like the sandalwood tree; He transforms us woody trees into fragrant sandalwood. ||2||	ਤਿਵੇਂ, ਉਹ ਸਭ ਜੀਵਾਂ ਦਾ ਮੂਲ ਰਾਮ (ਸਭ ਗੁਣਾਂ-ਰੂਪ) ਸੁਗੰਧੀਆਂ ਦਾ ਮੂਲ ਹੈ (ਉਸ ਦੀ ਸੰਗਤ ਵਿਚ ਸਾਧਾਰਨ ਜੀਵ ਗੁਣਾਂ ਵਾਲੇ ਹੋ ਜਾਂਦੇ ਹਨ) ॥੨॥
57753	1351	ਤੁਮ੍ਚੇ ਪਾਰਸੁ ਹਮਚੇ ਲੋਹਾ ਸੰਗੇ ਕੰਚਨੁ ਭੈਇਲਾ॥	(ਤੁਮ੍-ਚੇ) ਆਪ ਜੀ ਤਾਂ। (ਹਮ-ਚੇ) ਦਾਸਨ ਦਾਸ ਤਾਂ। ਭੈ-ਇਲਾ	Thumh Chae Paaras Ham Chae Lohaa Sangae Kanchan Bhaieilaa ||	You, O Lord, are the Philosopher's Stone, and I am iron; associating with You, I am transformed into gold.	(ਹੇ ਰਾਮ!) ਤੂੰ ਪਾਰਸ ਹੈਂ, ਮੈਂ ਲੋਹਾ ਹਾਂ, ਤੇਰੀ ਸੰਗਤ ਵਿਚ ਮੈਂ ਸੋਨਾ ਬਣ ਗਿਆ ਹਾਂ।
57754	1351	ਤੂ ਦਇਆਲੁ ਰਤਨੁ ਲਾਲੁ ਨਾਮਾ ਸਾਚਿ ਸਮਾਇਲਾ॥੩॥੨॥	ਦ-ਇਆਲ	Thoo Dhaeiaal Rathan Laal Naamaa Saach Samaaeilaa ||3||2||	You are Merciful; You are the gem and the jewel. Naam Dayv is absorbed in the Truth. ||3||2||	ਤੂੰ ਦਇਆ ਦਾ ਘਰ ਹੈਂ, ਤੂੰ ਰਤਨ ਹੈਂ, ਤੂੰ ਲਾਲ ਹੈਂ। ਮੈਂ ਨਾਮਾ ਤੈਂ ਸਦਾ-ਥਿਰ ਰਹਿਣ ਵਾਲੇ ਵਿਚ ਲੀਨ ਹੋ ਗਿਆ ਹਾਂ ॥੩॥੨॥
57755	1351	ਪ੍ਰਭਾਤੀ॥		Prabhaathee ||	Prabhaatee:	
57756	1351	ਅਕੁਲ ਪੁਰਖ ਇਕੁ ਚਲਿਤੁ ਉਪਾਇਆ॥	ਅ-ਕੁਲ: ਪੋਲਾ ਬੋਲੋ। ਚਲਿ-ਤ: ਪੋਲਾ ਬੋਲੋ ਮਿਲਵਾਂ, ਲੱਲੇ ਸਿਹਾਰੀ ਲਾਉ	Akul Purakh Eik Chalith Oupaaeiaa ||	The Primal Being has no ancestry; He has staged this play.	ਜਿਸ ਪਰਮਾਤਮਾ ਦੀ ਕੋਈ ਖ਼ਾਸ ਕੁਲ ਨਹੀਂ ਹੈ ਉਸ ਸਰਬ-ਵਿਆਪਕ ਨੇ ਇਹ ਜਗਤ-ਰੂਪ ਇਕ ਖੇਡ ਬਣਾ ਦਿੱਤੀ ਹੈ।

57757	1351	ਘਟਿ ਘਟਿ ਅੰਤਰਿ ਬ੍ਰਹਮੁ ਲੁਕਾਇਆ॥੧॥		Ghatt Ghatt Anthar Breham Lukaaeiaa ||1||	God is hidden deep within each and every heart. ||1||	ਹਰੇਕ ਸਰੀਰ ਵਿਚ, ਹਰੇਕ ਦੇ ਅੰਦਰ ਉਸ ਨੇ ਆਪਣਾ ਆਤਮਾ ਗੁਪਤ ਰੱਖ ਦਿੱਤਾ ਹੈ ॥੧॥
57758	1351	ਜੀਅ ਕੀ ਜੋਤਿ ਨ ਜਾਨੈ ਕੋਈ॥		Jeea Kee Joth N Jaanai Koee ||	No one knows the Light of the soul.	ਸਾਰੇ ਜੀਵਾਂ ਵਿਚ ਵੱਸਦੀ ਜੋਤਿ ਨੂੰ ਤਾਂ ਕੋਈ ਪ੍ਰਾਣੀ ਜਾਣਦਾ ਨਹੀਂ ਹੈ,
57759	1351	ਤੈ ਮੈ ਕੀਆ ਸੁ ਮਾਲੂਮੁ ਹੋਈ॥੧॥ਰਹਾਉ॥		Thai Mai Keeaa S Maaloom Hoee ||1|| Rehaao ||	Whatever I do, is known to You, Lord. ||1||Pause||	ਪਰ ਅਸੀਂ ਜੋ ਕੁਝ ਕਰਦੇ ਹਾਂ ਉਹ (ਸਾਡੇ ਅੰਦਰ) ਅੰਦਰ-ਵੱਸਦੀ-ਜੋਤਿ ਨੂੰ ਮਲੂਮ ਹੋ ਜਾਂਦਾ ਹੈ ॥੧॥ ਰਹਾਉ ॥
57760	1351	ਜਿਉ ਪ੍ਰਗਾਸਿਆ ਮਾਟੀ ਕੁੰਭੇਉ॥		Jio Pragaasiaa Maattee Kunbhaeo ||	Just as the pitcher is made from clay,	ਜਿਵੇਂ ਮਿੱਟੀ ਤੋਂ ਘੜਾ ਬਣ ਜਾਂਦਾ ਹੈ,
57761	1351	ਆਪ ਹੀ ਕਰਤਾ ਬੀਠੁਲੁ ਦੇਉ॥੨॥		Aap Hee Karathaa Beethul Dhaeo ||2||	Everything is made from the Beloved Divine Creator Himself. ||2||	ਤਿਵੇਂ ਉਹ ਬੀਠੁਲ ਪ੍ਰਭੂ ਆਪ ਹੀ ਸਭ ਦਾ ਪੈਦਾ ਕਰਨ ਵਾਲਾ ਹੈ ॥੨॥
57762	1351	ਜੀਅ ਕਾ ਬੰਧਨੁ ਕਰਮੁ ਬਿਆਪੈ॥		Jeea Kaa Bandhhan Karam Biaapai ||	The mortal's actions hold the soul in the bondage of karma.	ਜੀਵ ਦਾ ਕੀਤਾ ਹੋਇਆ ਕੰਮ ਉਸ ਲਈ ਜੰਜਾਲ ਹੋ ਢੁਕਦਾ ਹੈ,
57763	1351	ਜੋ ਕਿਛੁ ਕੀਆ ਸੁ ਆਪੈ ਆਪੈ॥੩॥		Jo Kishh Keeaa S Aapai Aapai ||3||	Whatever he does, he does on his own. ||3||	ਪਰ ਇਹ ਜੰਜਾਲ ਆਦਿਕ ਭੀ ਜੋ ਕੁਝ ਬਣਾਇਆ ਹੈ ਪ੍ਰਭੂ ਨੇ ਆਪ ਹੀ ਬਣਾਇਆ ਹੈ ॥੩॥

57764	1351	ਪ੍ਰਣਵਤਿ ਨਾਮਦੇਉ ਇਹੁ ਜੀਉ ਚਿਤਵੈ ਸੁ ਲਹੈ॥		Pranavath Naamadhaeo Eihu Jeeo Chithavai S Lehai ||	Prays Naam Dayv, whatever this soul wants, it obtains.	ਨਾਮਦੇਵ ਬੇਨਤੀ ਕਰਦਾ ਹੈ, ਇਹ ਜੀਵ ਜਿਸ ਸ਼ੈ ਉਤੇ ਆਪਣਾ ਮਨ ਟਿਕਾਂਦਾ ਹੈ ਉਸ ਨੂੰ ਹਾਸਲ ਕਰ ਲੈਂਦਾ ਹੈ,
57765	1351	ਅਮਰੁ ਹੋਇ ਸਦ ਆਕੁਲ ਰਹੈ॥੪॥੩॥	ਆ-ਕੁਲ: ਪੋਲਾ ਬੋਲੋ	Amar Hoe Sadh Aakul Rehai ||4||3||	Whoever abides in the Lord, becomes immortal. ||4||3||	ਜੇ ਇਹ ਜੀਵ ਸਰਬ-ਵਿਆਪਕ ਪਰਮਾਤਮਾ ਨੂੰ ਆਪਣੇ ਮਨ ਵਿਚ ਟਿਕਾਏ ਤਾਂ (ਉਸ ਅਮਰ ਪ੍ਰਭੂ ਵਿਚ ਟਿਕ ਕੇ ਆਪ ਭੀ) ਅਮਰ ਹੋ ਜਾਂਦਾ ਹੈ ॥੪॥੩॥
57766	1351	ਪ੍ਰਭਾਤੀ ਭਗਤ ਬੇਣੀ ਜੀ ਕੀ	ਪਾੱਤੀ	Prabhaathee Bhagath Baenee Jee Kee	Prabhaatee, The Word Of Devotee Baynee Jee:	ਰਾਗ ਪ੍ਰਭਾਤੀ ਵਿੱਚ ਭਗਤ ਬੇਣੀ ਜੀ ਦੀ ਬਾਣੀ।
57767	1351	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
57768	1351	ਤਨਿ ਚੰਦਨੁ ਮਸਤਕਿ ਪਾਤੀ॥		Than Chandhan Masathak Paathee ||	You rub your body with sandalwood oil, and place basil leaves on your forehead.	(ਹੇ ਲੰਪਟ!) ਤੂੰ ਸਰੀਰ ਉੱਤੇ ਚੰਦਨ ਦਾ ਲੇਪ ਤੇ ਮੱਥੇ ਉੱਤੇ ਤੁਲਸੀ ਦੇ ਪੱਤਰ ਲਾਂਦਾ ਹੈਂ,

57769	1351	ਰਿਦ ਅੰਤਰਿ ਕਰ ਤਲ ਕਾਤੀ॥	(ਰਿਦ) ਰਿਦੇ ਅੰਤਰਿ ਅੰਦਰ ਜੀਆਂ ਨੂੰ ਕੋਹਣ ਦੀ ਇੱਛਾ ਰੂਪ ਛੁਰੀ ਹੈ।ਕਰ ਹੱਥ ਦੀ ਤਲ ਤਲੀ ਚ (ਕਾਤੀ) ਛੁਰੀ।ਤਲ: ਪੋਲਾ ਬੋਲੋ।ਕਾੱਤੀ	Ridh Anthar Kar Thal Kaathee ||	But you hold a knife in the hand of your heart.	ਪਰ, ਤੇਰੇ ਹਿਰਦੇ ਵਿਚ (ਇਉਂ ਕੁਝ ਹੋ ਰਿਹਾ ਹੈ ਜਿਵੇਂ) ਤੇਰੇ ਹੱਥਾਂ ਵਿਚ ਕੈਂਚੀ ਫੜੀ ਹੋਈ ਹੈ।
57770	1351	ਠਗ ਦਿਸਟਿ ਬਗਾ ਲਿਵ ਲਾਗਾ॥	ਠੱਗ। ਬੱਗਾ	Thag Dhisatt Bagaa Liv Laagaa ||	You look like a thug; pretending to meditate, you pose like a crane.	ਤੇਰੀ ਨਿਗਾਹ ਠੱਗਾਂ ਵਾਲੀ ਹੈ, ਪਰ ਬਗਲੇ ਵਾਂਗ ਤੂੰ ਸਮਾਧੀ ਲਾਈ ਹੋਈ ਹੈ,
57771	1351	ਦੇਖਿ ਬੈਸਨੋ ਪ੍ਰਾਨ ਮੁਖ ਭਾਗਾ॥੧॥		Dhaekh Baisano Praan Mukh Bhaagaa ||1||	You try to look like a Vaishnaav, but the breath of life escapes through your mouth. ||1||	ਪਰ ਵੇਖਣ ਨੂੰ ਤੂੰ ਵੈਸ਼ਨੋ ਜਾਪਦਾ ਹੈਂ ਜਿਵੇਂ ਤੇਰੇ ਮੂੰਹ ਵਿਚੋਂ ਸੁਆਸ ਭੀ ਨਿਕਲ ਗਏ ਹਨ (ਭਾਵ, ਵੇਖਣ ਨੂੰ ਤੂੰ ਬੜਾ ਹੀ ਦਇਆਵਾਨ ਜਾਪਦਾ ਹੈਂ) ॥੧॥
57772	1351	ਕਲਿ ਭਗਵਤ ਬੰਦ ਚਿਰਾਂਮੰ॥	(ਕਲਿ) ਸੁੰਦਰ। (ਭਗਵਤ) ਭਗਵੰਤ ਜੀ ਨੂੰ। (ਚਿਰਾਂਮੰ) ਚਿਰ ਤੱਕ (ਬੰਦ) ਬੰਦਨ ਕਰਦਾ ਹੈ	Kal Bhagavath Bandh Chiraanman ||	You pray for hours to God the Beautiful.	(ਹੇ ਵਿਸ਼ਈ ਮਨੁੱਖ!) ਤੂੰ ਕਲਜੁਗੀ ਸੁਭਾਵ ਵਿਚ ਅਪ੍ਰਵਿਰਤ ਹੈਂ, ਪਰ, ਮੂਰਤੀ ਨੂੰ ਚਿਰ ਤੱਕ ਨਮਸਕਾਰ ਕਰਦਾ ਹੈਂ।
57773	1351	ਕ੍ਰੂਰ ਦਿਸਟਿ ਰਤਾ ਨਿਸਿ ਬਾਦੰ॥੧॥ਰਹਾਉ॥	ਰੱਤਾ	Kroor Dhisatt Rathaa Nis Baadhan ||1|| Rehaao ||	But your gaze is evil, and your nights are wasted in conflict. ||1||Pause||	ਤੇਰੀ ਨਜ਼ਰ ਟੇਢੀ ਹੈ (ਤੇਰੀ ਨਿਗਾਹ ਵਿਚ ਖੋਟ ਹੈ), ਤੇ ਦਿਨ ਰਾਤ ਤੂੰ ਮਾਇਆ ਦੇ ਧੰਧਿਆਂ ਵਿਚ ਰੱਤਾ ਹੋਇਆ ਹੈਂ ॥੧॥ ਰਹਾਉ ॥

57774	1351	ਨਿਤਪ੍ਰਤਿ ਇਸਨਾਨੁ ਸਰੀਰੰ॥		Nithaprath Eisanaan Sareeran ||	You perform daily cleansing rituals,	(ਹੇ ਵਿਸ਼ਈ ਮਨੁੱਖ!) ਤੂੰ ਹਰ ਰੋਜ਼ ਆਪਣੇ ਸਰੀਰ ਨੂੰ ਇਸ਼ਨਾਨ ਕਰਾਂਦਾ ਹੈਂ,
57775	1351	ਦੁਇ ਧੋਤੀ ਕਰਮ ਮੁਖਿ ਖੀਰੰ॥		Dhue Dhothee Karam Mukh Kheeran ||	Wear two loin-cloths, perform religious rituals and put only milk in your mouth.	ਦੋ ਧੋਤੀਆਂ ਰੱਖਦਾ ਹੈਂ, (ਹੋਰ) ਕਰਮ ਕਾਂਡ (ਭੀ ਕਰਦਾ ਹੈਂ), ਦੂਧਾਧਾਰੀ ਹੈਂ;
57776	1351	ਰਿਦੈ ਛੁਰੀ ਸੰਧਿਆਨੀ॥	(ਰਿਦੈ) ਹਿਰਦੇ ਅੰਦਰ ਜੀਆਂ ਨੂੰ ਕੋਹਣ ਦੀ ਇੱਛਾ ਰੂਪ ਛੁਰੀ (ਸੰਧਿ-ਆਨੀ) ਸਿੰਨ੍ਹੀ ਹੋਈ ਹੈ	Ridhai Shhuree Sandhhiaanee ||	But in your heart, you have drawn out the sword.	ਪਰ ਆਪਣੇ ਹਿਰਦੇ ਵਿਚ ਤੂੰ ਛੁਰੀ ਕੱਸ ਕੇ ਰੱਖੀ ਹੋਈ ਹੈ,
57777	1351	ਪਰ ਦਰਬੁ ਹਿਰਨ ਕੀ ਬਾਨੀ॥੨॥	ਬਾਨੀ: ਪੋਲਾ ਬੋਲੋ	Par Dharab Hiran Kee Baanee ||2||	You routinely steal the property of others. ||2||	ਤੇ ਤੈਨੂੰ ਪਰਾਇਆ ਧਨ ਠੱਗਣ ਦੀ ਆਦਤ ਪਈ ਹੋਈ ਹੈ ॥੨॥
57778	1351	ਸਿਲ ਪੂਜਸਿ ਚਕ੍ਰ ਗਣੇਸੰ॥		Sil Poojas Chakr Ganaesan ||	You worship the stone idol, and paint ceremonial marks of Ganesha.	(ਹੇ ਲੰਪਟ!) ਤੂੰ ਸਿਲਾ ਪੂਜਦਾ ਹੈਂ, ਸਰੀਰ ਉੱਤੇ ਤੂੰ ਗਣੇਸ਼ ਦੇਵਤੇ ਦੇ ਨਿਸ਼ਾਨ ਬਣਾਏ ਹੋਏ ਹਨ,
57779	1351	ਨਿਸਿ ਜਾਗਸਿ ਭਗਤਿ ਪ੍ਰਵੇਸੰ॥		Nis Jaagas Bhagath Pravaesan ||	You remain awake throughout the night, pretending to worship God.	ਰਾਤ ਨੂੰ ਰਾਸਾਂ ਵਿਚ (ਭਗਤੀ ਵਜੋਂ) ਜਾਗਦਾ ਭੀ ਹੈਂ, ਉਥੇ ਪੈਰਾਂ ਨਾਲ ਤੂੰ ਨੱਚਦਾ ਹੈਂ,
57780	1351	ਪਗ ਨਾਚਸਿ ਚਿਤੁ ਅਕਰਮੰ॥	ਪਗ: ਪੋਲਾ ਬੋਲੋ। ਅ-ਕਰਮੰ।ਅ-ਧਰਮੰ	Pag Naachas Chith Akaraman ||	You dance, but your consciousness is filled with evil.	ਪਰ ਤੇਰਾ ਚਿੱਤ ਮੰਦੇ ਕਰਮਾਂ ਵਿਚ ਹੀ ਮਗਨ ਰਹਿੰਦਾ ਹੈ,

57781	1351	ਏ ਲੰਪਟ ਨਾਚ ਅਧਰਮੰ॥੩॥		Eae Lanpatt Naach Adhharaman ||3||	You are lewd and depraved - this is such an unrighteous dance! ||3||	ਹੇ ਲੰਪਟ! ਇਹ ਨਾਚ ਕੋਈ ਧਰਮ (ਦਾ ਕੰਮ) ਨਹੀਂ ਹੈ ॥੩॥
57782	1351	ਮ੍ਰਿਗ ਆਸਣੁ ਤੁਲਸੀ ਮਾਲਾ॥	ਮਾਲਾ: ਪੋਲਾ ਬੋਲੋ	Mrig Aasan Thulasee Maalaa ||	You sit on a deer-skin, and chant on your mala.	(ਪੂਜਾ ਪਾਠ ਵੇਲੇ) ਤੂੰ ਹਿਰਨ ਦੀ ਖੱਲ ਦਾ ਆਸਣ (ਵਰਤਦਾ ਹੈਂ), ਤੁਲਸੀ ਦੀ ਮਾਲਾ ਤੇਰੇ ਪਾਸ ਹੈ,
57783	1351	ਕਰ ਊਜਲ ਤਿਲਕੁ ਕਪਾਲਾ॥		Kar Oojal Thilak Kapaalaa ||	You put the sacred mark, the tilak, on your forehead.	ਸਾਫ਼ ਹੱਥਾਂ ਨਾਲ ਤੂੰ ਮੱਥੇ ਉੱਤੇ ਤਿਲਕ ਲਾਂਦਾ ਹੈਂ,
57784	1351	ਰਿਦੈ ਕੂੜੁ ਕੰਠਿ ਰੁਦ੍ਰਾਖੰ॥	(ਰੁਦ੍ਰਾਖੰ) ਰੁਦ੍ਰਾਖੀ ਮਾਲਾ	Ridhai Koorr Kanth Rudhraakhan ||	You wear the rosary beads of Shiva around your neck, but your heart is filled with falsehood.	ਗਲ ਵਿਚ ਤੂੰ ਰੁਦ੍ਰਾਖ ਦੀ ਮਾਲਾ ਪਾਈ ਹੋਈ ਹੈ, ਪਰ ਤੇਰੇ ਹਿਰਦੇ ਵਿਚ ਠੱਗੀ ਹੈ।
57785	1351	ਰੇ ਲੰਪਟ ਕ੍ਰਿਸਨੁ ਅਭਾਖੰ॥੪॥		Rae Lanpatt Kirasan Abhaakhan ||4||	You are lewd and depraved - you do not chant God's Name. ||4||	(ਹੇ ਲੰਪਟ!) ਤੂੰ ਹਰੀ ਨੂੰ ਸਿਮਰ ਨਹੀਂ ਰਿਹਾ ਹੈਂ ॥੪॥
57786	1351	ਜਿਨਿ ਆਤਮ ਤਤੁ ਨ ਚੀਨ੍ਹਿਆ॥		Jin Aatham Thath N Cheenihaaa ||	Whoever does not realize the essence of the soul	ਇਹ ਗੱਲ ਸੱਚ ਹੈ ਕਿ ਜਿਸ ਮਨੁੱਖ ਨੇ ਆਤਮਾ ਦੀ ਅਸਲੀਅਤ ਨੂੰ ਨਹੀਂ ਪਛਾਣਿਆ,
57787	1351	ਸਭ ਫੋਕਟ ਧਰਮ ਅਬੀਨਿਆ॥		Sabh Fokatt Dhharam Abeeniaa ||	All his religious actions are hollow and false.	ਉਸ ਅੰਨ੍ਹੇ ਦੇ ਸਾਰੇ ਕਰਮ-ਧਰਮ ਫੋਕੇ ਹਨ।

57788	1351	ਕਹੁ ਬੇਣੀ ਗੁਰਮੁਖਿ ਧਿਆਵੈ॥		Kahu Baenee Guramukh Dhhiaavai ||	Says Baynee, as Gurmukh, meditate.	ਬੇਣੀ ਆਖਦਾ ਹੈ- ਉਹੀ ਮਨੁੱਖ ਸਿਮਰਨ ਕਰਦਾ ਹੈ ਜੋ ਗੁਰੂ ਦੇ ਸਨਮੁਖ ਹੁੰਦਾ ਹੈ,
57789	1351	ਬਿਨੁ ਸਤਿਗੁਰ ਬਾਟ ਨ ਪਾਵੈ॥੫॥੧॥	ਗੁਰਮੁਖਿ ਗਾਡੀ (ਬਾਟ) ਰਸਤਾ	Bin Sathigur Baatt N Paavai ||5||1||	Without the True Guru, you shall not find the Way. ||5||1||	ਗੁਰੂ ਤੋਂ ਬਿਨਾ ਜ਼ਿੰਦਗੀ ਦਾ ਸਹੀ ਰਾਹ ਨਹੀਂ ਲੱਭਦਾ ॥੫॥੧॥
57790	1352	੧ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
57791	1352	ਰਾਗੁ ਜੈਜਾਵੰਤੀ ਮਹਲਾ ੯॥		Raag Jaijaavanthee Mehalaa 9 ||	Raag Jaijaavantee, Ninth Mehl:	ਰਾਗ ਜੈਜਾਵੰਤੀ ਵਿੱਚ ਗੁਰੂ ਤੇਗਬਹਾਦਰ ਜੀ ਦੀ ਬਾਣੀ।
57792	1352	ਰਾਮ ਸਿਮਰ ਰਾਮ ਸਿਮਰ ਇਹੈ ਤੇਰੈ ਕਾਜਿ ਹੈ॥	ਨਾਵਾਂ	Raam Simar Raam Simar Eihai Thaerai Kaaj Hai ||	Meditate in remembrance on the Lord - meditate on the Lord; this alone shall be of use to you.	ਪਰਮਾਤਮਾ (ਦਾ ਨਾਮ) ਸਿਮਰਿਆ ਕਰ, ਪਰਮਾਤਮਾ ਦਾ ਨਾਮ ਸਿਮਰਿਆ ਕਰ! ਇਹ (ਸਿਮਰਨ) ਹੀ ਤੇਰੇ ਕੰਮ ਵਿਚ (ਆਉਣ ਵਾਲਾ) ਹੈ।

57793	1352	ਮਾਇਆ ਕੋ ਸੰਗੁ ਤਿਆਗਿ ਪ੍ਰਭ ਜੂ ਕੀ ਸਰਨਿ ਲਾਗ॥		Maaeiaa Ko Sang Thiaag Prabh Joo Kee Saran Laag ||	Abandon your association with Maya, and take shelter in the Sanctuary of God.	ਮਾਇਆ ਦਾ ਮੋਹ ਛੱਡ ਦੇਹ, ਪਰਮਾਤਮਾ ਦੀ ਸਰਨ ਪਿਆ ਰਹੁ।
57794	1352	ਜਗਤ ਸੁਖ ਮਾਨੁ ਮਿਥਿਆ ਝੂਠੋ ਸਭ ਸਾਜੁ ਹੈ॥੧॥ਰਹਾਉ॥		Jagath Sukh Maan Mithhiaa Jhootho Sabh Saaj Hai ||1|| Rehaao ||	Remember that the pleasures of the world are false; this whole show is just an illusion. ||1||Pause||	ਦੁਨੀਆ ਦੇ ਸੁਖਾਂ ਨੂੰ ਨਾਸਵੰਤ ਸਮਝ! ਜਗਤ ਦਾ ਇਹ ਸਾਰਾ ਪਸਾਰਾ (ਹੀ) ਸਾਥ ਛੱਡ ਜਾਣ ਵਾਲਾ ਹੈ ॥੧॥ ਰਹਾਉ ॥
57795	1352	ਸੁਪਨੇ ਜਿਉ ਧਨੁ ਪਛਾਨੁ ਕਾਹੇ ਪਰ ਕਰਤ ਮਾਨੁ॥		Supanae Jio Dhhan Pashhaan Kaahae Par Karath Maan ||	You must understand that this wealth is just a dream. Why are you so proud?	ਇਸ ਧਨ ਨੂੰ ਸੁਪਨੇ (ਵਿਚ ਮਿਲੇ ਪਦਾਰਥਾਂ) ਵਾਂਗ ਸਮਝ, ਤੂੰ ਕਾਹਦੇ ਉੱਤੇ ਅਹੰਕਾਰ ਕਰਦਾ ਹੈਂ?
57796	1352	ਬਾਰੂ ਕੀ ਭੀਤ ਜੈਸੇ ਬਸੁਧਾ ਕੋ ਰਾਜੁ ਹੈ॥੧॥	ਬਸੁ-ਧਾ: ਪੋਲਾ ਬੋਲੋ	Baaroo Kee Bheeth Jaisae Basudhhaa Ko Raaj Hai ||1||	The empires of the earth are like walls of sand. ||1||	(ਸਾਰੀ) ਧਰਤੀ ਦਾ ਰਾਜ (ਭੀ) ਰੇਤ ਦੀ ਕੰਧ ਵਰਗਾ ਹੀ ਹੈ ॥੧॥
57797	1352	ਨਾਨਕ ਜਨ ਕਹਤ ਬਾਤ ਬਿਨਸਿ ਜੈਹੈ ਤੇਰੋ ਗਾਤ॥		Naanak Jan Kehath Baath Binas Jaihai Thaero Gaath ||	Servant Nanak speaks the Truth: your body shall perish and pass away.	ਦਾਸ ਨਾਨਕ (ਤੈਨੂੰ ਇਹ) ਗੱਲ ਦੱਸਦਾ ਹੈ ਕਿ ਤੇਰਾ (ਤਾਂ ਇਹ ਆਪਣਾ ਮਿਥਿਆ ਹੋਇਆ) ਸਰੀਰ (ਭੀ) ਨਾਸ ਹੋ ਜਾਇਗਾ।

57798	1352	ਛਿਨੁ ਛਿਨੁ ਕਰਿ ਗਇਓ ਕਾਲੁ ਤੈਸੇ ਜਾਤੁ ਆਜੁ ਹੈ॥੨॥੧॥		Shhin Shhin Kar Gaeiou Kaal Thaisae Jaath Aaj Hai ||2||1||	Moment by moment, yesterday passed. Today is passing as well. ||2||1||	(ਵੇਖ, ਜਿਵੇਂ ਤੇਰੀ ਉਮਰ ਦਾ) ਕੱਲ (ਦਾ ਦਿਨ) ਛਿਨ ਛਿਨ ਕਰ ਕੇ ਬੀਤ ਗਿਆ ਹੈ, ਤਿਵੇਂ ਅੱਜ (ਦਾ ਦਿਨ ਭੀ) ਲੰਘਦਾ ਜਾ ਰਿਹਾ ਹੈ ॥੨॥੧॥
57799	1352	ਜੈਜਾਵੰਤੀ ਮਹਲਾ ੯॥		Jaijaavanthee Mehalaa 9 ||	Jaijaavantee, Ninth Mehl:	
57800	1352	ਰਾਮ ਭਜੁ ਰਾਮ ਭਜੁ ਜਨਮੁ ਸਿਰਾਤੁ ਹੈ॥	(ਸਿਰਾਤੁ) ਬੀਤ ਰਿਹਾ ਹੈ	Raam Bhaj Raam Bhaj Janam Siraath Hai ||	Meditate on the Lord - vibrate on the Lord; your life is slipping away.	ਪਰਮਾਤਮਾ ਦਾ ਭਜਨ ਕਰਿਆ ਕਰ, ਪਰਮਾਤਮਾ ਦਾ ਭਜਨ ਕਰਿਆ ਕਰ! ਮਨੁੱਖਾ ਜਨਮ ਲੰਘਦਾ ਜਾ ਰਿਹਾ ਹੈ।
57801	1352	ਕਹਉ ਕਹਾ ਬਾਰ ਬਾਰ ਸਮਝਤ ਨਹ ਕਿਉ ਗਵਾਰ॥		Keho Kehaa Baar Baar Samajhath Neh Kio Gavaar ||	Why am I telling you this again and again? You fool - why don't you understand?	ਹੇ ਮੂਰਖ! ਮੈਂ (ਤੈਨੂੰ) ਮੁੜ ਮੁੜ ਕੀਹ ਆਖਾਂ? ਤੂੰ ਕਿਉਂ ਨਹੀਂ ਸਮਝਦਾ?
57802	1352	ਬਿਨਸਤ ਨਹ ਲਗੈ ਬਾਰ ਓਰੇ ਸਮ ਗਾਤੁ ਹੈ॥੧॥ਰਹਾਉ॥		Binasath Neh Lagai Baar Ourae Sam Gaath Hai ||1|| Rehaao ||	Your body is like a hail-stone; it melts away in no time at all. ||1||Pause||	(ਤੇਰਾ ਇਹ) ਸਰੀਰ (ਨਾਸ ਹੋਣ ਵਿਚ) ਗੜੇ ਵਰਗਾ ਹੀ ਹੈ (ਇਸ ਦੇ) ਨਾਸ ਹੁੰਦਿਆਂ ਚਿਰ ਨਹੀਂ ਲੱਗਦਾ ॥੧॥ ਰਹਾਉ ॥
57803	1352	ਸਗਲ ਭਰਮ ਡਾਰਿ ਦੇਹ ਗੋਬਿੰਦ ਕੋ ਨਾਮੁ ਲੇਹ॥		Sagal Bharam Ddaar Dhaehi Gobindh Ko Naam Laehi ||	So give up all your doubts, and utter the Naam, the Name of the Lord.	ਸਾਰੀਆਂ ਭਟਕਣਾਂ ਛੱਡ ਦੇਹ, ਪਰਮਾਤਮਾ ਦਾ ਨਾਮ ਜਪਿਆ ਕਰ।

57804	1352	ਅੰਤਿ ਬਾਰ ਸੰਗਿ ਤੇਰੇ ਇਹੈ ਏਕ ਜਾਤੁ ਹੈ॥੧॥		Anth Baar Sang Thaerai Eihai Eaek Jaath Hai ||1||	At the very last moment, this alone shall go along with you. ||1||	ਅੰਤਲੇ ਸਮੇ ਤੇਰੇ ਨਾਲ ਸਿਰਫ਼ ਇਹ ਨਾਮ ਹੀ ਜਾਣ ਵਾਲਾ ਹੈ ॥੧॥
57805	1352	ਬਿਖਿਆ ਬਿਖ ਜਿਉ ਬਿਸਾਰਿ ਪ੍ਰਭ ਕੌ ਜਸੁ ਹੀਏ ਧਾਰ॥		Bikhiaa Bikh Jio Bisaar Prabh Ka Jas Heeeae Dhhaar ||	Forget the poisonous sins of corruption, and enshrine the Praises of God in your heart.	ਮਾਇਆ (ਦਾ ਮੋਹ ਆਪਣੇ ਅੰਦਰੋਂ) ਜ਼ਹਿਰ ਵਾਂਗ ਭੁਲਾ ਦੇਹ! ਪਰਮਾਤਮਾ ਦੀ ਸਿਫ਼ਤ-ਸਾਲਾਹ (ਆਪਣੇ) ਹਿਰਦੇ ਵਿਚ ਵਸਾਈ ਰੱਖ!
57806	1352	ਨਾਨਕ ਜਨ ਕਹਿ ਪੁਕਾਰ ਅਉਸਰੁ ਬਿਹਾਤੁ ਹੈ॥੨॥੨॥		Naanak Jan Kehi Pukaar Aousar Bihaath Hai ||2||2||	Servant Nanak proclaims that this opportunity is slipping away. ||2||2||	ਦਾਸ ਨਾਨਕ (ਤੈਨੂੰ) ਕੂਕ ਕੂਕ ਕੇ ਆਖ ਰਿਹਾ ਹੈ, (ਮਨੁੱਖਾ ਜ਼ਿੰਦਗੀ ਦਾ ਸਮਾ) ਬੀਤਦਾ ਜਾ ਰਿਹਾ ਹੈ ॥੨॥੨॥
57807	1352	ਜੈਜਾਵੰਤੀ ਮਹਲਾ ੯॥		Jaijaavanthee Mehalaa 9 ||	Jaijaavantee, Ninth Mehl:	
57808	1352	ਰੇ ਮਨ ਕਉਨ ਗਤਿ ਹੋਇ ਹੈ ਤੇਰੀ॥		Rae Man Koun Gath Hoe Hai Thaeree ||	O mortal, what will your condition be?	ਹੇ ਮਨ! (ਸੋਚ ਕਿ) ਤੇਰੀ ਕੀਹ ਦਸ਼ਾ ਹੋਵੇਗੀ?

57809	1352	ਇਹ ਜਗ ਮੈ ਰਾਮ ਨਾਮੁ ਸੋ ਤਉ ਨਹੀ ਸੁਨਿਓ ਕਾਨ॥	ਜੱਗ। ਕਾਨ: ਨ ਹਲੰਤ ਨਹੀਂ ਲਾਉਣਾ	Eih Jag Mehi Raam Naam So Tho Nehee Suniou Kaan ||	In this world, you have not listened to the Lord's Name.	ਇਸ ਜਗਤ ਵਿਚ (ਤੇਰਾ ਅਮਲ ਸਾਥੀ) ਪਰਮਾਤਮਾ ਦਾ ਨਾਮ (ਹੀ) ਹੈ, ਉਹ (ਨਾਮ) ਤੂੰ ਕਦੇ ਧਿਆਨ ਨਾਲ ਸੁਣਿਆ ਨਹੀਂ।
57810	1352	ਬਿਖਿਅਨ ਸਿਉ ਅਤਿ ਲੁਭਾਨਿ ਮਤਿ ਨਾਹਿਨ ਫੇਰੀ॥੧॥ਰਹਾਉ॥		Bikhian Sio Ath Lubhaan Math Naahin Faeree ||1|| Rehaao ||	You are totally engrossed in corruption and sin; you have not turned your mind away from them at all. ||1||Pause||	ਤੂੰ ਵਿਸ਼ਿਆਂ ਵਿਚ ਹੀ ਬਹੁਤ ਫਸਿਆ ਰਹਿੰਦਾ ਹੈਂ, ਤੂੰ (ਆਪਣੀ) ਸੁਰਤ (ਇਹਨਾਂ ਵਲੋਂ ਕਦੇ) ਪਰਤਾਂਦਾ ਨਹੀਂ ॥੧॥ ਰਹਾਉ ॥
57811	1352	ਮਾਨਸ ਕੋ ਜਨਮੁ ਲੀਨ ਸਿਮਰਨੁ ਨਹ ਨਿਮਖ ਕੀਨ॥		Maanas Ko Janam Leen Simaran Neh Nimakh Keen ||	You obtained this human life, but you have not remembered the Lord in meditation, even for an instant.	ਤੂੰ ਮਨੁੱਖ ਦਾ ਜਨਮ (ਤਾਂ) ਹਾਸਲ ਕੀਤਾ, ਪਰ ਕਦੇ ਰਤਾ ਭਰ ਸਮੇ ਲਈ ਭੀ ਪਰਮਾਤਮਾ ਦਾ ਸਿਮਰਨ ਨਹੀਂ ਕੀਤਾ।
57812	1352	ਦਾਰਾ ਸੁਖ ਭਇਓ ਦੀਨ ਪਗਹੁ ਪਰੀ ਬੇਰੀ॥੧॥	ਪਗਹ:ਪੋਲਾ ਬੋਲੋ। (ਪਗਹੁ) ਪੈਰੀਂ। (ਬੇਰੀ) ਬੇੜੀ	Dhaaraa Sukh Bhaeiou Dheen Pagahu Paree Baeree ||1||	For the sake of pleasure, you have become subservient to your woman, and now your feet are bound. ||1||	ਤੂੰ ਸਦਾ ਇਸਤ੍ਰੀ ਦੇ ਸੁਖਾਂ ਦੇ ਹੀ ਅਧੀਨ ਹੋਇਆ ਰਹਿੰਦਾ ਹੈਂ ਤੇ ਤੇਰੇ ਪੈਰਾਂ ਵਿਚ (ਇਸਤ੍ਰੀ ਦੇ ਮੋਹ ਦੀ) ਬੇੜੀ ਪਈ ਰਹਿੰਦੀ ਹੈ ॥੧॥

57813	1352	ਨਾਨਕ ਜਨ ਕਹਿ ਪੁਕਾਰਿ ਸੁਪਨੈ ਜਿਉ ਜਗੁ ਪਸਾਰਿ॥		Naanak Jan Kehi Pukaar Supanai Jio Jag Pasaar ||	Servant Nanak proclaims that the vast expanse of this world is just a dream.	ਦਾਸ ਨਾਨਕ (ਤੈਨੂੰ) ਪੁਕਾਰ ਕੇ ਆਖਦਾ ਹੈ ਕਿ ਇਹ ਜਗਤ ਦਾ ਖਿਲਾਰਾ ਸੁਪਨੇ ਵਰਗਾ ਹੀ ਹੈ।
57814	1352	ਸਿਮਰਤ ਨਹ ਕਿਉ ਮੁਰਾਰਿ ਮਾਇਆ ਜਾ ਕੀ ਚੇਰੀ॥੨॥੩॥		Simarath Neh Kio Muraar Maaeiaa Jaa Kee Chaeree ||2||3||	Why not meditate on the Lord? Even Maya is His slave. ||2||3||	ਇਹ ਮਾਇਆ ਜਿਸ ਦੀ ਦਾਸੀ ਹੈ ਤੂੰ ਉਸ ਪਰਮਾਤਮਾ ਦਾ ਸਿਮਰਨ ਕਿਉਂ ਨਹੀਂ ਕਰਦਾ ॥੨॥੩॥
57815	1352	ਜੈਜਾਵੰਤੀ ਮਹਲਾ ੯॥		Jaijaavanthee Mehalaa 9 ||	Jaijaavantee, Ninth Mehl:	
57816	1352	ਬੀਤ ਜੈਹੈ ਬੀਤ ਜੈਹੈ ਜਨਮੁ ਅਕਾਜ ਰੇ॥		Beeth Jaihai Beeth Jaihai Janam Akaaj Rae ||	Slipping away - your life is uselessly slipping away.	ਜੀਵਨ (ਦਾ ਸਮਾ) ਅਸਫਲ ਲੰਘਦਾ ਜਾ ਰਿਹਾ ਹੈ, ਗੁਜ਼ਰਦਾ ਜਾ ਰਿਹਾ ਹੈ।
57817	1352	ਨਿਸ ਦਿਨ ਸੁਨਿ ਕੈ ਪੁਰਾਨ॥		Nis Dhin Sun Kai Puraan ||	Night and day, you listen to the Puraanas,	ਹੇ ਮੂਰਖ! ਰਾਤ ਦਿਨ ਪੁਰਾਣ (ਆਦਿਕ ਪੁਸਤਕਾਂ ਦੀਆਂ ਕਹਾਣੀਆਂ) ਸੁਣ ਕੇ (ਭੀ)
57818	1352	ਸਮਝਤ ਨਹ ਰੇ ਅਜਾਨ॥		Samajhath Neh Rae Ajaan ||	but you do not understand them, you ignorant fool!	ਤੂੰ ਨਹੀਂ ਸਮਝਦਾ।

57819	1352	ਕਾਲ ਤਉ ਪਹੂਚਿਓ ਆਂਨਿ ਕਹਾ ਜੈਹੈ ਭਾਜਿ ਰੇ॥੧॥ਰਹਾਉ॥		Kaal Tho Pehoochiou Aan Kehaa Jaihai Bhaaj Rae ||1|| Rehaao ||	Death has arrived; now where will you run? ||1||Pause||	ਮੌਤ (ਦਾ ਸਮਾ) ਤਾਂ (ਨੇੜੇ) ਆ ਪਹੁੰਚਿਆ ਹੈ (ਦੱਸ, ਤੂੰ ਇਸ ਪਾਸੋਂ) ਭੱਜ ਕਿੱਥੇ ਚਲਾ ਜਾਏਂਗਾ ॥੧॥ ਰਹਾਉ ॥
57820	1353	ਅਸਥਿਰੁ ਜੋ ਮਾਨਿਓ ਦੇਹ ਸੋ ਤਉ ਤੇਰਉ ਹੋਇ ਹੈ ਖੇਹ॥		Asathhir Jo Maaniou Dhaeh So Tho Thaero Hoe Hai Khaeh ||	You believed that this body was permanent, but it shall turn to dust.	ਜਿਸ (ਆਪਣੇ) ਸਰੀਰ ਨੂੰ ਤੂੰ ਸਦਾ ਕਾਇਮ ਰਹਿਣ ਵਾਲਾ ਸਮਝੀ ਬੈਠਾ ਹੈਂ, ਤੇਰਾ ਉਹ (ਸਰੀਰ) ਤਾਂ (ਜ਼ਰੂਰ) ਸੁਆਹ ਹੋ ਜਾਇਗਾ।
57821	1353	ਕਿਉ ਨ ਹਰਿ ਕੋ ਨਾਮੁ ਲੇਹ ਮੂਰਖ ਨਿਲਾਜ ਰੇ॥੧॥		Kio N Har Ko Naam Laehi Moorakh Nilaaj Rae ||1||	Why don't you chant the Name of the Lord, you shameless fool? ||1||	ਹੇ ਮੂਰਖ! ਹੇ ਬੇ-ਸ਼ਰਮ! ਤੂੰ ਕਿਉਂ ਪਰਮਾਤਮਾ ਦਾ ਨਾਮ ਨਹੀਂ ਜਪਦਾ? ॥੧॥
57822	1353	ਰਾਮ ਭਗਤਿ ਹੀਏ ਆਨਿ ਛਾਡਿ ਦੇ ਤੈ ਮਨ ਕੋ ਮਾਨੁ॥		Raam Bhagath Heeeae Aan Shhaadd Dhae Thai Man Ko Maan ||	Let devotional worship of the Lord enter into your heart, and abandon the intellectualism of your mind.	(ਆਪਣੇ) ਮਨ ਦਾ ਅਹੰਕਾਰ ਛੱਡ ਦੇਹ, ਪਰਮਾਤਮਾ ਦੀ ਭਗਤੀ (ਆਪਣੇ) ਹਿਰਦੇ ਵਿਚ ਵਸਾ ਲੈ!
57823	1353	ਨਾਨਕ ਜਨ ਇਹ ਬਖਾਨ ਜਗ ਮੈ ਬਿਰਾਜੁ ਰੇ॥੨॥੪॥		Naanak Jan Eih Bakhaan Jag Mehi Biraaj Rae ||2||4||	O Servant Nanak, this is the way to live in the world. ||2||4||	ਦਾਸ ਨਾਨਕ (ਤੈਨੂੰ ਮੁੜ ਮੁੜ) ਇਹ ਗੱਲ ਹੀ ਆਖਦਾ ਹੈ ਕਿ ਇਹੋ ਜਿਹਾ ਸੁਚੱਜਾ ਜੀਵਨ ਜੀਉ! ॥੨॥੪॥

57824	1353	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
57825	1353	ਸਲੋਕ ਸਹਸਕ੍ਰਿਤੀ ਮਹਲਾ ੧॥	ਅਕਾਲ ਪੁਰਖ ਜੀ ਦੀ ਉਸਤਤਿ ਸਹਿਤ, ਸ਼ੁੱਧ ਸੰਸਕ੍ਰਿਤ ਚ, ਵਾਹਿਗੁਰੂ ਮਹੱਲਾ ਪਹਿਲਾ ਜੀ, ਵਾਹਿਗੁਰੂ ਜੀ ਦਾ ਸਲੋਕ ਜਸ ਉਚਾਰਦੇ ਹਨ। ਸਹਸ-ਕ੍ਰਿਤੀ	Salok Sehasakirathee Mehalaa 1 ||	Shalok Sehskritee, First Mehl:	ਗੁਰੂ ਨਾਨਕਦੇਵ ਜੀ ਦੇ ਸਹਸਕ੍ਰਿਤੀ ਸਲੋਕ।
57826	1353	ਪੜਿ ਪੁਸਤੁਕ ਸੰਧਿਆ ਬਾਦੰ॥	ਅੱਧਾ, ਤੱਤਾ: ਪੋਲਾ ਬੋਲੋ	Parrih Pusok Sandhhiaa Baadhan ||	You study the scriptures, say your prayers and argue;	ਪੰਡਿਤ (ਵੇਦ ਆਦਿਕ ਧਾਰਮਿਕ) ਪੁਸਤਕਾਂ ਪੜ੍ਹ ਕੇ ਸੰਧਿਆ ਕਰਦਾ ਹੈ, ਅਤੇ (ਹੋਰਨਾਂ ਨਾਲ) ਚਰਚਾ ਕਰਦਾ ਹੈ,
57827	1353	ਸਿਲ ਪੂਜਸਿ ਬਗੁਲ ਸਮਾਧੰ॥		Sil Poojas Bagul Samaadhhan ||	You worship stones and sit like a crane, pretending to meditate.	ਮੂਰਤੀ ਪੂਜਦਾ ਹੈ ਅਤੇ ਬਗਲੇ ਵਾਂਗ ਸਮਾਧੀ ਲਾਂਦਾ ਹੈ;

57828	1353	ਮੁਖਿ ਝੂਠੁ ਬਿਭੂਖਨ ਸਾਰੰ॥		Mukh Jhooth Bibhookhan Saaran ||	You speak lies and well-ornamented falsehood,	ਮੁਖੋਂ ਝੂਠ ਬੋਲਦਾ ਹੈ (ਪਰ ਉਸ ਝੂਠ ਨੂੰ) ਬੜੇ ਸੋਹਣੇ ਗਹਣਿਆਂ ਵਾਂਗ ਸੋਹਣਾ ਕਰ ਕੇ ਵਿਖਾਲਦਾ ਹੈ;
57829	1353	ਤ੍ਰੈਪਾਲ ਤਿਹਾਲ ਬਿਚਾਰੰ॥	(ਤ੍ਰੈਪਾਲ) ਤਿੰਨਾਂ ਲੋਕਾਂ ਦੇ ਪਾਲਕ। (ਤਿਹਾਲ) ਤੇਰੇ ਦੂਸ਼ਣਾਂ ਨੂੰ	Thraipaal Thihaal Bichaaran ||	And recite your daily prayers three times a day.	(ਹਰ ਰੋਜ਼) ਤਿੰਨ ਵੇਲੇ ਗਾਯਤ੍ਰੀ ਮੰਤ੍ਰ ਨੂੰ ਵਿਚਾਰਦਾ ਹੈ;
57830	1353	ਗਲਿ ਮਾਲਾ ਤਿਲਕ ਲਿਲਾਟੰ॥		Gal Maalaa Thilak Lilaattan ||	The mala is around your neck, and the sacred tilak mark is on your forehead.	ਗਲ ਵਿਚ ਮਾਲਾ ਰੱਖਦਾ ਹੈ, ਮੱਥੇ ਉਤੇ ਤਿਲਕ ਲਾਂਦਾ ਹੈ;
57831	1353	ਦੁਇ ਧੋਤੀ ਬਸਤ੍ਰ ਕਪਾਟੰ॥		Dhue Dhothee Basathr Kapaattan ||	You wear two loin cloths, and keep your head covered.	ਸਦਾ ਦੋ ਧੋਤੀਆਂ (ਆਪਣੇ ਪਾਸ) ਰੱਖਦਾ ਹੈ, ਤੇ (ਸੰਧਿਆ ਕਰਨ ਵੇਲੇ) ਸਿਰ ਉਤੇ ਇਕ ਵਸਤ੍ਰ ਧਰ ਲੈਂਦਾ ਹੈ।
57832	1353	ਜੋ ਜਾਨਸਿ ਬ੍ਰਹਮੰ ਕਰਮੰ॥		Jo Jaanas Brehaman Karaman ||	If you know God and the nature of karma,	ਪਰ ਜੋ ਮਨੁੱਖ ਪਰਮਾਤਮਾ ਦੀ ਭਗਤੀ ਦਾ ਕੰਮ ਜਾਣਦਾ ਹੋਵੇ,
57833	1353	ਸਭ ਫੋਕਟ ਨਿਸਚੈ ਕਰਮੰ॥		Sabh Fokatt Nisachai Karaman ||	You know that all these rituals and beliefs are useless.	ਤਦ ਨਿਸ਼ਚਾ ਕਰ ਕੇ ਜਾਣ ਲਵੇ ਕਿ ਉਸ ਦੇ ਵਾਸਤੇ ਇਹ ਸਾਰੇ ਕੰਮ ਫੋਕੇ ਹਨ।
57834	1353	ਕਹੁ ਨਾਨਕ ਨਿਸਚੌ ਧ੍ਰਿਾਵੈ॥	ਧਿਆਵੈ	Kahu Naanak Nisacha Dhhiyaavai ||	Says Nanak, meditate on the Lord with faith.	ਨਾਨਕ ਆਖਦਾ ਹੈ- (ਮਨੁੱਖ) ਸਰਧਾ ਧਾਰ ਕੇ ਪਰਮਾਤਮਾ ਨੂੰ ਸਿਮਰੇ (ਕੇਵਲ ਇਹੋ ਰਸਤਾ ਲਾਭਦਾਇਕ ਹੈ, ਪਰ)
57835	1353	ਬਿਨੁ ਸਤਿਗੁਰ ਬਾਟ ਨ ਪਾਵੈ॥੧॥		Bin Sathigur Baatt N Paavai ||1||	Without the True Guru, no one finds the Way. ||1||	ਇਹ ਰਸਤਾ ਸਤਿਗੁਰੂ ਤੋਂ ਬਿਨਾ ਨਹੀਂ ਲੱਭਦਾ ॥੧॥

57836	1353	ਨਿਹਫਲੰ ਤਸ੍ਯ ਜਨਮਸ੍ਯ ਜਾਵਦ ਬ੍ਰਹਮ ਨ ਬਿੰਦਤੇ॥	ਅੱਖਰ ਹੇਠਾਂ ੁ ਅੱਧੇ ਯ ਦਾ ਮੂੰਹ ਸੱਜੇ ਪਾਸੇ ਹੁੰਦਾ ਹੈ, ਜਿਸ ਅੱਖਰ ਹੇਠਾਂ ਅੱਧਾ ( ) ਯ ਹੋਵੇ, ਉਸ ਦੇ ਖੱਬੇ ਸਿਹਾਰੀ, ਸੱਜੇ ਐੜਾ ਮੁਕਤਾ ਲਾਉਣਾ, ਜਿਹੜੀ ਲਗ ਅੱਖਰ ਨੂੰ ਲੱਗੀ ਹੋਵੇ ਉਹ ਐੜੇ ਨੂੰ ਲਾਉਣੀ। ਗੁਰਬਾਣੀ ਚ ਲਿਖਣੀ ਨਹੀਂ। ਅੱਧਾ ਯ੍ ਜੇ ਬਰਾਬਰ ਹੋਵੇ ਤਾਂ ਭੀ ਇਸੇ ਤਰ੍ਾਂ ਹੀ ਕਰਨਾ। ਉਚਾਰਨ ਤਸ੍:ਤੱਸਿਅ, ਜਨਮਸ੍: ਜਨਮੱਸਿਅ	Nihafalan Thasy Janamasy Jaavadh Breham N Bindhathae ||	The mortal's life is fruitless, as long as he does not know God.	ਜਦ ਤਕ ਮਨੁੱਖ ਪਰਮਾਤਮਾ ਨਾਲ ਸਾਂਝ ਨਹੀਂ ਪਾਂਦਾ, ਤਦ ਤਕ ਉਸ ਦਾ (ਮਨੁੱਖਾ) ਜਨਮ ਵਿਅਰਥ ਹੈ।
57837	1353	ਸਾਗਰੰ ਸੰਸਾਰਸ੍ਯ ਗੁਰ ਪਰਸਾਦੀ ਤਰਹਿ ਕੇ॥	ਸੰਸਾਰਸ੍: ਸੰਸਾਰੱਸਿਅ	Saagaran Sansaarasy Gur Parasaadhee Tharehi Kae ||	Only a few, by Guru's Grace, cross over the world-ocean.	(ਜੋ ਮਨੁੱਖ) ਗੁਰੂ ਦੀ ਕਿਰਪਾ ਦੀ ਰਾਹੀਂ (ਪਰਮਾਤਮਾ ਨਾਲ ਸਾਂਝ ਪਾਂਦੇ ਹਨ, ਉਹ) ਅਨੇਕਾਂ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ।
57838	1353	ਕਰਣ ਕਾਰਣ ਸਮਰਥੁ ਹੈ ਕਹੁ ਨਾਨਕ ਬੀਚਾਰਿ॥		Karan Kaaran Samarathh Hai Kahu Naanak Beechaar ||	The Creator, the Cause of causes, is All-powerful. Thus speaks Nanak, after deep deliberation.	ਹੇ ਨਾਨਕ! (ਪਰਮਾਤਮਾ ਦਾ ਨਾਮ ਮੁੜ ਮੁੜ) ਆਖ, (ਪਰਮਾਤਮਾ ਦੇ ਨਾਮ ਦੀ) ਵਿਚਾਰ ਕਰ, (ਉਹ) ਜਗਤ ਦਾ ਮੂਲ (ਪਰਮਾਤਮਾ) ਸਭ ਤਾਕਤਾਂ ਦਾ ਮਾਲਕ ਹੈ।

57839	1353	ਕਾਰਣੁ ਕਰਤੇ ਵਸਿ ਹੈ ਜਿਨਿ ਕਲ ਰਖੀ ਧਾਰਿ॥੨॥	ਵੱਸਿ	Kaaran Karathae Vas Hai Jin Kal Rakhee Dhaar ||2||	The Creation is under the control of the Creator. By His Power, He sustains and supports it. ||2||	ਜਿਸ ਪ੍ਰਭੂ ਨੇ (ਜਗਤ ਵਿਚ ਆਪਣੀ) ਸੱਤਿਆ ਟਿਕਾ ਰੱਖੀ ਹੈ, ਉਸ ਕਰਤਾਰ ਦੇ ਇਖ਼ਤਿਆਰ ਵਿਚ ਹੀ (ਹਰੇਕ) ਸਬਬ ਹੈ ॥੨॥
57840	1353	ਜੋਗ ਸਬਦੰ ਗਿਆਨ ਸਬਦੰ ਬੇਦ ਸਬਦੰ ਤ ਬ੍ਰਾਹਮਣਹ॥	(ਸਬਦੰ) ਧਰਮ	Jog Sabadhan Giaan Sabadhan Baedh Sabadhan Th Braahamaneh ||	The Shabad is Yoga, the Shabad is spiritual wisdom; the Shabad is the Vedas for the Brahmin.	(ਵਰਨ-ਵੰਡ ਦੇ ਵਿਤਕਰੇ ਪਾਣ ਵਾਲੇ ਆਖਦੇ ਹਨ ਕਿ) ਜੋਗ ਦਾ ਧਰਮ ਗਿਆਨ ਪ੍ਰਾਪਤ ਕਰਨਾ ਹੈ (ਬ੍ਰਹਮ ਦੀ ਵਿਚਾਰ ਕਰਨਾ ਹੈ;) ਬ੍ਰਾਹਮਣਾਂ ਦਾ ਧਰਮ ਵੇਦਾਂ ਦੀ ਵਿਚਾਰ ਹੈ;
57841	1353	ਖ੍ਯਤ੍ਰੀ ਸਬਦੰ ਸੂਰ ਸਬਦੰ ਸੂਦ੍ਰ ਸਬਦੰ ਪਰਾਕ੍ਰਿਤਹ॥	ਖ੍ਯਤ੍ਰੀ:ਖਿਅੱਤ੍ਰੀ। ਪਰਾ-ਕ੍ਰਿਤਹ	Khyathree Sabadhan Soor Sabadhan Soodhr Sabadhan Paraa Kiratheh ||	The Shabad is heroic bravery for the Khshaatriya; the Shabad is service to others for the Soodra.	ਖਤ੍ਰੀਆਂ ਦਾ ਧਰਮ ਸੂਰਮਿਆਂ ਵਾਲੇ ਕੰਮ ਕਰਨਾ ਹੈ ਅਤੇ ਸ਼ੂਦਰਾਂ ਦਾ ਧਰਮ ਦੂਜਿਆਂ ਦੀ ਸੇਵਾ ਕਰਨੀ ਹੈ।
57842	1353	ਸਰਬ ਸਬਦੰ ਤ ਏਕ ਸਬਦੰ ਜੇ ਕੋ ਜਾਨਸਿ ਭੇਉ॥		Sarab Sabadhan Th Eaek Sabadhan Jae Ko Jaanas Bhaeo ||	The Shabad for all is the Shabad, the Word of the One God, for one who knows this secret.	ਪਰ ਸਭ ਤੋਂ ਸ੍ਰੇਸ਼ਟ ਧਰਮ ਇਹ ਹੈ ਕਿ ਪਰਮਾਤਮਾ ਦਾ ਸਿਮਰਨ ਕੀਤਾ ਜਾਏ। ਜੇ ਕੋਈ ਮਨੁੱਖ ਇਸ ਭੇਤ ਨੂੰ ਸਮਝ ਲਏ,
57843	1353	ਨਾਨਕ ਤਾ ਕੋ ਦਾਸੁ ਹੈ ਸੋਈ ਨਿਰੰਜਨ ਦੇਉ॥੩॥		Naanak Thaa Ko Dhaas Hai Soee Niranjan Dhaeo ||3||	Nanak is the slave of the Divine, Immaculate Lord. ||3||	ਨਾਨਕ ਉਸ ਮਨੁੱਖ ਦਾ ਦਾਸ ਹੈ, ਉਹ ਮਨੁੱਖ ਪਰਮਾਤਮਾ ਦਾ ਰੂਪ ਹੋ ਜਾਂਦਾ ਹੈ ॥੩॥

57844	1353	ੲੇਕ ਕ੍ਰਿਸ੍ਹੰ ਤ ਸਰਬ ਦੇਵਾ ਦੇਵ ਦੇਵਾ ਤ ਆਤਮਹ॥	ਕ੍ਰਿਸ੍ਹੰ: ਅੱਧਾ੍ ਪੋਲਾ ਬੋਲੋ ਤੇ ਟਿੱਪੀ੍ ਤੇ ਲਾਉ	Eaek Kirasaan Th Sarab Dhaevaa Dhaev Dhaevaa Th Aathameh ||	The One Lord is the Divinity of all divinities. He is the Divinity of the soul.	ਇਕ ਪਰਮਾਤਮਾ ਹੀ ਸਾਰੇ ਦੇਵਤਿਆਂ ਦਾ ਆਤਮਾ ਹੈ, ਦੇਵਤਿਆਂ ਦੇ ਦੇਵਤਿਆਂ ਦਾ ਭੀ ਆਤਮਾ ਹੈ।
57845	1353	ਆਤਮੰ ਸ੍ਰੀ ਬਾਸ੍ਵਦੇਵਸ੍ਯ ਜੇ ਕੋਈ ਜਾਨਸਿ ਭੇਵ॥	ਬਾਸ੍ਵ-ਦੇਵਸ੍ਯ: ਬਾਸੁਅਦੇਵੱਸਿਅ	Aathaman Sree Baasvadhaevasy Jae Koee Jaanas Bhaev ||	Nanak is the slave of that one who knows the Secrets of the soul and the Supreme Lord God.	ਜੋ ਮਨੁੱਖ ਪ੍ਰਭੂ ਦੇ ਆਤਮਾ ਦਾ ਭੇਤ ਜਾਣ ਲੈਂਦਾ ਹੈ,
57846	1353	ਨਾਨਕ ਤਾ ਕੋ ਦਾਸੁ ਹੈ ਸੋਈ ਨਿਰੰਜਨ ਦੇਵ॥੪॥		Naanak Thaa Ko Dhaas Hai Soee Niranjan Dhaev ||4||	He is the Divine Immaculate Lord Himself. ||4||	ਨਾਨਕ ਉਸ ਮਨੁੱਖ ਦਾ ਦਾਸ ਹੈ, ਉਹ ਮਨੁੱਖ ਪਰਮਾਤਮਾ ਦਾ ਰੂਪ ਹੈ ॥੪॥
57847	1353	ਸਲੋਕ ਸਹਸਕ੍ਰਿਤੀ ਮਹਲਾ ੫		Salok Sehasakirathee Mehalaa 5	Shalok Sehskritee , Fifth Mehl:	ਸਹਸਕ੍ਰਿਤੀ ਸਲੋਕਾਂ ਵਿੱਚ ਗੁਰੂ ਅਰਜਨਦੇਵ ਜੀ ਦੀ ਬਾਣੀ।

57848	1353	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
57849	1353	ਕਤੰਚ ਮਾਤਾ ਕਤੰਚ ਪਿਤਾ ਕਤੰਚ ਬਨਿਤਾ ਬਿਨੋਦ ਸੁਤਹ॥	(ਕ-ਤੰਚ) ਕਦੋਂ ਦੇ, ਕੀ ਹਨ, ਕਿਸ ਦੇ ਹਨ, ਕਿਤਨੇ ਹੀ ਹਨ, ਕਿੱਥੇ ਹਨ।ਬਨਿ-ਤਾ। (ਬਿਨੋਦ) ਕੌਤਕ। ਸੁੱਤਹ	Kathanch Maathaa Kathanch Pithaa Kathanch Banithaa Binodh Sutheh ||	Who is the mother, and who is the father? Who is the son, and what is the pleasure of marriage?	ਕਿੱਥੇ ਰਹਿ ਜਾਂਦੀ ਹੈ ਮਾਂ, ਤੇ ਕਿੱਥੇ ਰਹਿ ਜਾਂਦਾ ਹੈ ਪਿਉ? ਤੇ ਕਿੱਥੇ ਰਹਿ ਜਾਂਦੇ ਹਨ ਇਸਤ੍ਰੀ ਪੁੱਤ੍ਰਾਂ ਦੇ ਲਾਡ-ਪਿਆਰ?
57850	1353	ਕਤੰਚ ਭ੍ਰਾਤ ਮੀਤ ਹਿਤ ਬੰਧਵ ਕਤੰਚ ਮੋਹ ਕੁਟੰਬ੍ਯਤੇ॥	ਕੁ-ਟੰਬਿਅਤੇ	Kathanch Bhraath Meeth Hith Bandhhav Kathanch Moh Kuttanbyathae ||	Who is the brother, friend, companion and relative? Who is emotionally attached to the family?	ਕਿੱਥੇ ਰਹਿ ਜਾਂਦੇ ਹਨ ਭਰਾ ਮਿਤ੍ਰ ਹਿਤੂ ਤੇ ਸਨਬੰਧੀ? ਤੇ ਕਿੱਥੇ ਰਹਿ ਜਾਂਦਾ ਹੈ ਪਰਵਾਰ ਦਾ ਮੋਹ?
57851	1353	ਕਤੰਚ ਚਪਲ ਮੋਹਨੀ ਰੂਪੰ ਪੇਖੰਤੇ ਤਿਆਗੰ ਕਰੋਤਿ॥	ਚਪਲ:ਪੋਲਾ ਬੋਲੋ। (ਚਪਲ) ਚੰਚਲ	Kathanch Chapal Mohanee Roopan Paekhanthae Thiaagan Karoth ||	Who is restlessly attached to beauty? It leaves, as soon as we see it.	ਕਿੱਥੇ ਜਾਂਦੀ ਹੈ ਮਨ ਨੂੰ ਮੋਹਣ ਵਾਲੀ ਇਹ ਚੰਚਲ ਮਾਇਆ ਵੇਖਦਿਆਂ ਵੇਖਦਿਆਂ ਹੀ ਛੱਡ ਜਾਂਦੀ ਹੈ।

57852	1353	ਰਹੰਤ ਸੰਗ ਭਗਵਾਨ ਸਿਮਰਣ ਨਾਨਕ ਲਬਧ੍ਯੰ ਅਚੁਤ ਤਨਹ॥੧॥	ਬ੍ਰਹਮ (ਅ-ਚੁੱਤ) ਅਚੱਲ ਦੇ (ਤਨਹ) ਸਪੂਤ ਸੰਤ। ਲਬਧ੍ਯੰ: ਲੱਬਧਿਅੰ	Rehanth Sang Bhagavaan Simaran Naanak Labadhhyan Achuth Thaneh ||1||	Only the meditative remembrance of God remains with us. O Nanak, it brings the blessings of the Saints, the sons of the Imperishable Lord. ||1||	ਹੇ ਨਾਨਕ! (ਮਨੁੱਖ ਦੇ) ਨਾਲ (ਸਦਾ) ਰਹਿੰਦਾ ਹੈ ਭਗਵਾਨ ਦਾ ਭਜਨ (ਹੀ), ਤੇ ਇਹ ਭਜਨ ਮਿਲਦਾ ਹੈ ਸੰਤ ਜਨਾਂ ਤੋਂ ॥੧॥
57853	1354	ਧ੍ਰਿਗੰਤ ਮਾਤ ਪਿਤਾ ਸਨੇਹੰ ਧ੍ਰਿਗ ਸਨੇਹੰ ਭ੍ਰਾਤ ਬਾਂਧਵਹ॥		Dhhriganth Maath Pithaa Sanaehan Dhhrig Sanaehan Bhraath Baandhhaveh ||	Cursed is loving attachment to one's mother and father; cursed is loving attachment to one's siblings and relatives.	ਮਾਂ ਪਿਉ ਦਾ ਮੋਹ ਤਿਆਗਣ-ਜੋਗ ਹੈ, ਭਰਾਵਾਂ ਸਨਬੰਧੀਆਂ ਦਾ ਮੋਹ ਭੀ ਮਾੜਾ ਹੈ।
57854	1354	ਧ੍ਰਿਗ ਸ੍ਨੇਹੰ ਬਨਿਤਾ ਬਿਲਾਸ ਸੁਤਹ॥	ਸ੍ਨੇਹੰ: ਅੱਧਾ ਲਾਂ ਲਾ ਕੇ ਪੋਲਾ ਬੋਲੋ। ਬਨਿ-ਤਾ: ਪੋਲਾ ਬੋਲੋ	Dhhrig Saaehan Banithaa Bilaas Sutheh ||	Cursed is attachment to the joys of family life with one's spouse and children.	ਇਸਤ੍ਰੀ ਪੁਤ੍ਰ ਦੇ ਮੋਹ ਦਾ ਆਨੰਦ ਭੀ ਛੱਡਣ-ਜੋਗ ਹੈ,
57855	1354	ਧ੍ਰਿਗ ਸ੍ਨੇਹੰ ਗ੍ਰਿਹਾਰਥਕਹ॥	(ਗ੍ਰਿਹਾਰਥ-ਕਹ) ਘਰ ਪਦਾਰਥਾਂ ਦਾ। ਅੱਧਾ ਨ, ਲਾਂ ਲਾ ਕੇ ਪੋਲਾ ਬੋਲੋ	Dhhrig Saaehan Grihaarathh Keh ||	Cursed is attachment to household affairs.	ਘਰ ਦੇ ਪਦਾਰਥਾਂ ਦੀ ਖਿੱਚ ਵੀ ਭੈੜੀ ਹੈ (ਕਿਉਂਕਿ ਇਹ ਸਾਰੇ ਨਾਸਵੰਤ ਹਨ, ਤੇ ਇਹਨਾਂ ਦਾ ਮੋਹ ਪਿਆਰ ਭੀ ਸਦਾ ਕਾਇਮ ਨਹੀਂ ਰਹਿ ਸਕਦਾ)।

57856	1354	ਸਾਧਸੰਗ ਸ੍ਨੇਹ ਸਤ੍ਯਿੰ ਸੁਖਯੰ ਬਸੰਤਿ ਨਾਨਕਹ॥੨॥	ਸ੍ਨ੍ਹ ਅੱਧਾ ਨ ਲਾਂ ਲਾ ਕੇ: ਪੋਲਾ ਬੋਲੋ ਬੋਲ। ਸਤ੍ਯਿੰ: ਸਤਿਅੰ ।ਸੁਖਯੰ: ਯੰ ਤਾਲੂਤੋਂ ਬੋਲ	Saadhhasang Saaeh Sathiyan Sukhayan Basanth Naanakeh ||2||	Only loving attachment to the Saadh Sangat, the Company of the Holy, is True. Nanak dwells there in peace. ||2||	ਸਤਸੰਗ ਨਾਲ (ਕੀਤਾ ਹੋਇਆ) ਪਿਆਰ ਸਦਾ-ਥਿਰ ਰਹਿੰਦਾ ਹੈ, ਤੇ, ਹੇ ਨਾਨਕ! (ਸਤਸੰਗ ਨਾਲ ਪਿਆਰ ਕਰਨ ਵਾਲੇ ਮਨੁੱਖ) ਆਤਮਕ ਆਨੰਦ ਨਾਲ ਜੀਵਨ ਬਿਤੀਤ ਕਰਦੇ ਹਨ ॥੨॥
57857	1354	ਮਿਥ੍ਯੰਤ ਦੇਹੰ ਖੀਣੰਤ ਬਲਨੰ॥	ਮਿਥ੍ਯੰਤ: ਮਿਥਿਅੰਤ।ਖੀ-ਣੰਤ	Mithhyanth Dhaehan Kheenanth Balanan ||	The body is false; its power is temporary.	(ਇਹ) ਸਰੀਰ ਤਾਂ ਨਾਸਵੰਤ ਹੈ, (ਇਸ ਦਾ) ਬਲ ਭੀ ਘਟਦਾ ਰਹਿੰਦਾ ਹੈ।
57858	1354	ਬਰਧੰਤਿ ਜਰੂਆ ਹਿਤ੍ਯੰਤ ਮਾਇਆ॥	(ਬਰਧੰਤਿ) ਵਧ ਰਿਹਾ ਹੈ। (ਜਰੂਆ) ਬੁਢੇਪਾ। ਹਿਤ੍ਯੰਤ: ਹਿਤਿਅੰਤ	Baradhhanth Jarooaa Hithyanth Maaeiaa ||	It grows old; its love for Maya increases greatly.	(ਪਰ ਜਿਉਂ ਜਿਉਂ) ਬੁਢੇਪਾ ਵਧਦਾ ਹੈ, ਮਾਇਆ ਦਾ ਮੋਹ ਭੀ (ਵਧਦਾ ਜਾਂਦਾ ਹੈ)
57859	1354	ਅਤ੍ਯੰਤ ਆਸਾ ਆਥਿਤ੍ਰ ਭਵਨੰ॥	ਅਤ੍ਯੰਤ: ਅਤਿਅੰਤ।ਆਥਿਤ੍ਰ:ਆਥਿੱਤਿ ਅ	Athyanth Aasaa Aathhithy Bhavanan ||	The human is only a temporary guest in the home of the body, but he has high hopes.	(ਪਦਾਰਥਾਂ ਦੀ) ਆਸਾ ਤੀਬਰ ਹੁੰਦੀ ਜਾਂਦੀ ਹੈ (ਉਂਞ ਜੀਵ ਇਥੇ) ਘਰ ਦੇ ਪਰਾਹੁਣੇ (ਵਾਂਗ) ਹੈ।
57860	1354	ਗਨੰਤ ਸ੍ਵਾਸਾ ਭੈਯਾਨ ਧਰਮੰ॥	ਯ ਦਾ ਉਚਾਰਨ ਤਾਲੂ ਤੋਂ ਬੋਲ ਕੇ, ਯ ਦੀ ਮੁਹਾਰਨੀ ਬਾਰ ੨ ਬੋਲ ਕੇ, ਯ ਮੁਕਤਾ ਯ ਹੀ ਬੋਲੋ।ਸ੍ਵਾਸਾ: ਸੁਆਸਾਂ।ਗ-ਨੰਤ।ਭੈ-ਯਾਨ	Gananth Svaasaa Bhaiyaan Dhharaman ||	The Righteous Judge of Dharma is relentless; he counts each and every breath.	ਡਰਾਉਣਾ ਧਰਮ ਰਾਜ (ਇਸ ਦੀ ਉਮਰ ਦੇ) ਸਾਹ ਗਿਣਦਾ ਰਹਿੰਦਾ ਹੈ।

57861	1354	ਪਤੰਤਿ ਮੋਹ ਕੂਪ ਦੁਰਲਭ੍ਯ ਦੇਹੰ ਤਤ ਆਸ੍ਰਯੰ ਨਾਨਕ॥	(ਪਤੰਤਿ) ਡਿੱਗ ਰਿਹਾ ਹੈ।ਦੁਰਲਭ੍ਯ: ਦੁਰ-ਲੱਭਿਅ, ਆਸ੍ਰ-ਯੰ	Pathanth Moh Koop Dhuralabhy Dhaehan Thath Aasrayan Naanak ||	The human body, so difficult to obtain, has fallen into the deep dark pit of emotional attachment. O Nanak, its only support is God, the Essence of Reality.	ਇਹ ਅਮੋਲਕ ਮਨੁੱਖਾ ਸਰੀਰ ਮੋਹ ਦੇ ਖੂਹ ਵਿਚ ਡਿੱਗਾ ਰਹਿੰਦਾ ਹੈ। ਹੇ ਨਾਨਕ! (ਇਸ ਮੋਹ ਜਾਲ ਤੋਂ ਬਚਣ ਵਾਸਤੇ) ਉਸ (ਪਰਮਾਤਮਾ) ਦਾ ਆਸਰਾ (ਲੈਣਾ ਚਾਹੀਦਾ ਹੈ)
57862	1354	ਗੋਬਿੰਦ ਗੋਬਿੰਦ ਗੋਬਿੰਦ ਗੋਪਾਲ ਕ੍ਰਿਪਾ॥੩॥		Gobindh Gobindh Gobindh Gopaal Kirapaa ||3||	O God, Lord of the World, Lord of the Universe, Master of the Universe, please be kind to me. ||3||	(ਕਿਉਂਕਿ) ਇੱਕ ਗੋਬਿੰਦ ਗੋਪਾਲ ਦੀ ਮੇਹਰ ਹੀ (ਬਚਾ ਸਕਦੀ ਹੈ) ॥੩॥
57863	1354	ਕਾਚ ਕੋਟੰ ਰਚੰਤਿ ਤੋਯੰ ਲੇਪਨੰ ਰਕਤ ਚਰਮਣਹ॥	ਰਕਤ ਬਿੰਦ ਰੂਪ (ਤੋ-ਯੰ) ਪਾਣੀ, ਯੰ ਤਾਲੂਤੋਂ ਬੋਲ।ਰ-ਚੰਤਿ	Kaach Kottan Rachanth Thoyan Laepanan Rakath Charamaneh ||	This fragile body-fortress is made up of water, plastered with blood and wrapped in skin.	(ਇਹ ਸਰੀਰ) ਕੱਚਾ ਕਿਲ੍ਹਾ ਹੈ, (ਜੋ) ਪਾਣੀ (ਭਾਵ, ਵੀਰਜ) ਦਾ ਬਣਿਆ ਹੋਇਆ ਹੈ, ਅਤੇ ਲਹੂ ਤੇ ਚੰਮ ਨਾਲ ਲਿੰਬਿਆ ਹੋਇਆ ਹੈ।
57864	1354	ਨਵੰਤ ਦੁਆਰੰ ਭੀਤ ਰਹਿਤੰ ਬਾਇ ਰੂਪੰ ਅਸਥੰਭਨਹ॥	(ਨ-ਵੰਤ) ਨੌਂ ਦੁਆਰੰ ਗੋਲਕਾਂ ਵਿਸ਼ੇ ਪਦਾਰਥ ਰੂਪ (ਭੀਤ) ਚੋਗਾ ਚੁਗਦੀਆਂ ਰਹਿਤੰ ਰਹਿੰਦੀਆਂ ਹਨ। (ਬਾ-ਇ) ਸਵਾਸਾਂ ਰੂਪ (ਅਸਥੰਭ-ਨਹ) ਥੰਮ੍ਹਾਂ	Navanth Dhuaaran Bheeth Rehithan Baae Roopan Asathhanbhaneh ||	It has nine gates, but no doors; it is supported by pillars of wind, the channels of the breath.	(ਇਸ ਦੇ) ਨੌ ਦਰਵਾਜ਼ੇ (ਗੋਲਕਾਂ) ਹਨ, (ਪਰ ਦਰਵਾਜ਼ਿਆਂ ਦੇ) ਭਿੱਤ ਨਹੀਂ ਹਨ, ਸੁਆਸਾਂ ਦੀ (ਇਸ ਨੂੰ) ਥੰਮ੍ਹੀ (ਦਿੱਤੀ ਹੋਈ) ਹੈ।

57865	1354	ਗੋਬਿੰਦ ਨਾਮੰ ਨਹ ਸਿਮਰੰਤਿ ਅਗਿਆਨੀ ਜਾਨੰਤਿ ਅਸਥਿਰੰ॥	ਅਸ-ਥਿਰੰ	Gobindh Naaman Neh Simaranth Agiaanee Jaananth Asathhiran ||	The ignorant person does not meditate in remembrance on the Lord of the Universe; he thinks that this body is permanent.	ਮੂਰਖ ਜੀਵ (ਇਸ ਸਰੀਰ ਨੂੰ) ਸਦਾ-ਥਿਰ ਰਹਿਣ ਵਾਲਾ ਜਾਣਦੇ ਹਨ, ਤੇ ਪਰਮਾਤਮਾ ਦਾ ਨਾਮ ਕਦੇ ਯਾਦ ਨਹੀਂ ਕਰਦੇ।
57866	1354	ਦੁਰਲਭ ਦੇਹ ਉਧਰੰਤ ਸਾਧ ਸਰਣ ਨਾਨਕ॥	(ਉਧ-ਰੰਤ) ਉਧਾਰ ਲੈਂਦਾ ਹੈ। ਦੁਰ-ਲਭ	Dhuralabh Dhaeh Oudhharanth Saadhh Saran Naanak ||	This precious body is saved and redeemed in the Sanctuary of the Holy, O Nanak,	ਹੇ ਨਾਨਕ! ਸਾਧ ਸੰਗਤ ਵਿਚ ਆ ਕੇ ਉਹ ਬੰਦੇ ਇਸ ਦੁਰਲੱਭ ਸਰੀਰ ਨੂੰ (ਨਿੱਤ ਦੀ ਮੌਤ ਦੇ ਮੂੰਹੋਂ) ਬਚਾ ਲੈਂਦੇ ਹਨ,
57867	1354	ਹਰਿ ਹਰਿ ਹਰਿ ਹਰਿ ਹਰਿ ਹਰੇ ਜਪੰਤਿ॥੪॥	ਜ-ਪੰਤਿ	Har Har Har Har Har Harae Japanth ||4||	Chanting the Name of the Lord, Har, Har, Har, Har, Har, Haray. ||4||	(ਜੋ) ਪਰਮਾਤਮਾ ਦਾ ਨਾਮ ਜਪਦੇ ਹਨ ॥੪॥
57868	1354	ਸੁਭੰਤ ਤੁਯੰ ਅਚੁਤ ਗੁਨਗ੍ਯਾਨ ਪੂਰਨੰ ਬਹੁਲੋ ਕ੍ਰਿਪਾਲਾ॥	ਸੁ-ਭੰਤ। (ਤੁ-ਯੰ) ਯੰ ਤਾਲੂਤੋਂ ਬੋਲ,ਹੇ ਵਾਹਿਗੁਰੂ ਜੀ! ਸਭ (ਤੁ-ਯੰ) ਆਪ ਜੀ ਦੀ ਸੁਭੰਤ ਸੋਭਾ ਹੈ।ਅ-ਚੁੱਤ। ਆਪ ਜੀ (ਗੁਨਗ੍ਯਾਂ) ਗੁਣਾਂ ਦੇ ਗਿਆਤੇ, (ਬਹੁਲੋ) ਬਹੁਲਤਾ ਕਰਕੇ। ਗੁਨਗ੍ਯਾਂ: ਗੁਨੱਗਿਅੰ	Subhanth Thuyan Achuth Gunagyan Pooranan Bahulo Kirapaalaa ||	O Glorious, Eternal and Imperishable, Perfect and Abundantly Compassionate,	ਹੇ ਅਬਿਨਾਸ਼ੀ! ਹੇ ਗੁਣਾਂ ਦੇ ਜਾਣਨ ਵਾਲੇ! ਹੇ ਸਰਬ-ਵਿਆਪਕ! ਤੂੰ ਬੜਾ ਕ੍ਰਿਪਾਲ ਹੈਂ, ਤੂੰ (ਸਭ ਥਾਂ) ਸੋਭ ਰਿਹਾ ਹੈਂ।

57869	1354	ਗੰਭੀਰੰ ਊਚੈ ਸਰਬਗਿ ਅਪਾਰਾ॥	ਸਰ-ਬੱਗਿ	Ganbheeran Oochai Sarabag Apaaraa ||	Profound and Unfathomable, Lofty and Exalted, All-knowing and Infinite Lord God.	ਤੂੰ ਅਥਾਹ ਹੈਂ, ਉੱਚਾ ਹੈਂ, ਸਭ ਦਾ ਜਾਣਨ ਵਾਲਾ ਹੈਂ, ਅਤੇ ਬੇਅੰਤ ਹੈਂ।
57870	1354	ਭ੍ਰਿਤਿਆ ਪ੍ਰਿਅੰ ਬਿਸ੍ਰਾਮ ਚਰਣੰ॥	(ਭਰ੍ਤਿਆ) ਦਾਸਾਂ ਦੇ (ਪ੍ਰਿਅੰ) ਪਿਆਰੇ	Bhrithiaa Prian Bisraam Charanan ||	O Lover of Your devoted servants, Your Feet are a Sanctuary of Peace.	ਤੂੰ ਆਪਣੇ ਸੇਵਕਾਂ ਦਾ ਪਿਆਰਾ ਹੈਂ, ਤੇਰੇ ਚਰਨ (ਉਹਨਾਂ ਲਈ) ਆਸਰਾ ਹਨ।
57871	1354	ਅਨਾਥ ਨਾਥੇ ਨਾਨਕ ਸਰਣੰ॥੫॥		Anaathh Naathhae Naanak Saranan ||5||	O Master of the masterless, Helper of the helpless, Nanak seeks Your Sanctuary. ||5||	ਹੇ ਅਨਾਥਾਂ ਦੇ ਨਾਥ! (ਮੈਂ) ਨਾਨਕ ਤੇਰੀ ਸਰਨ ਹਾਂ ॥੫॥
57872	1354	ਮ੍ਰਿਗੀ ਪੇਖੰਤ ਬਧਿਕ ਪ੍ਰਹਾਰੇਣ ਲਖ੍ਯ ਆਵਧਹ॥	ਪੇ-ਖੰਤ। (ਬੱਧਿਕ) ਹੇੜੀ। (ਪ੍ਰਹਾਰੇਣ) ਚਲਾਉਂਦਾ ਹੈ। (ਲਖ੍ਯ) ਨਿਸ਼ਾਨਾ ਬਣਾ ਕੇ। (ਆਵਧਹ) ਸ਼ਸਤ੍ਰ ਦਾ। ਮਿ੍ਗੀ।ਲਖ੍ਯ: ਲਖਿਅ, ਪੋਲਾ ਬੋਲੋ	Mrigee Paekhanth Badhhik Prehaaraen Lakhy Aavadhheh ||	Seeing the deer, the hunter aims his weapons.	(ਇਕ) ਹਰਨੀ ਨੂੰ ਵੇਖ ਕੇ (ਇਕ) ਸ਼ਿਕਾਰੀ ਨਿਸ਼ਾਨਾ ਤੱਕ ਕੇ ਸ਼ਸਤ੍ਰਾਂ ਨਾਲ ਚੋਟ ਮਾਰਦਾ ਹੈ।
57873	1354	ਅਹੋ ਜਸ੍ਯ ਰਖੇਣ ਗੋਪਾਲਹ ਨਾਨਕ ਰੋਮ ਨ ਛੇਦ੍ਯਤੇ॥੬॥	ਬੜਾ (ਅਹੋ) ਅਸਚਰਜ ਹੈ। ਅਹੋ, ਹੋੜਾ ਲੰਬਾ ਬੋਲੋ। ਜਸ੍ਯ: ਜੱਸਿਅ। ਛੇਦ੍ਯਤੇ: ਛੇਦਿਅਤੇ	Aho Jasy Rakhaen Gopaaleh Naanak Rom N Shhaedhyathae ||6||	But if one is protected by the Lord of the World, O Nanak, not a hair on his head will be touched. ||6||	ਪਰ ਵਾਹ! ਹੇ ਨਾਨਕ! ਜਿਸ ਦੀ ਰਾਖੀ ਲਈ ਪਰਮਾਤਮਾ ਹੋਵੇ, ਉਸ ਦਾ ਵਾਲ (ਭੀ) ਵਿੰਗਾ ਨਹੀਂ ਹੁੰਦਾ ॥੬॥

57874	1354	ਬਹੁ ਜਤਨ ਕਰਤਾ ਬਲਵੰਤ ਕਾਰੀ ਸੇਵੰਤ ਸੂਰਾ ਚਤੁਰ ਦਿਸਹ॥	(ਕਾਰੀ) ਦਵਾਈ। ਸੇ-ਵੰਤ	Bahu Jathan Karathaa Balavanth Kaaree Saevanth Sooraa Chathur Dhiseh ||	He may be surrounded on all four sides by servants and powerful warriors;	(ਜੇਹੜਾ ਮਨੁੱਖ) ਬੜੇ ਜਤਨ ਕਰ ਸਕਦਾ ਹੋਵੇ, ਬੜਾ ਬਲਵਾਨ ਹੋਵੇ, ਚੌਹਾਂ ਪਾਸਿਆਂ ਤੋਂ ਕਈ ਸੂਰਮੇ ਜਿਸ ਦੀ ਸੇਵਾ ਕਰਨ ਵਾਲੇ ਹੋਣ,
57875	1354	ਬਿਖਮ ਥਾਨ ਬਸੰਤ ਊਚਹ ਨਹ ਸਿਮਰੰਤ ਮਰਣੰ ਕਦਾਂਚਹ॥		Bikham Thhaan Basanth Oocheh Neh Simaranth Maranan Kadhaancheh ||	He may dwell in a lofty place, difficult to approach, and never even think of death.	ਜੋ ਬੜੇ ਔਖੇ ਉੱਚੇ ਥਾਂ ਵੱਸਦਾ ਹੋਵੇ, (ਜਿਥੇ ਉਸ ਨੂੰ) ਮੌਤ ਦਾ ਕਦੇ ਚੇਤਾ ਭੀ ਨਾਹ ਆਵੇ।
57876	1354	ਹੋਵੰਤਿ ਆਗਿਆ ਭਗਵਾਨ ਪੁਰਖਹ ਨਾਨਕ ਕੀਟੀ ਸਾਸ ਅਕਰਖਤੇ॥੭॥	(ਅ-ਕਰਖਤੇ) ਖਿੱਚ ਲੈਂਦੇ ਹਨ	Hovanth Aagiaa Bhagavaan Purakheh Naanak Keettee Saas Akarakhathae ||7||	But when the Order comes from the Primal Lord God, O Nanak, even an ant can take away his breath of life. ||7||	ਹੇ ਨਾਨਕ! ਇਕ ਕੀੜੀ ਉਸ ਦੇ ਪ੍ਰਾਣ ਖਿੱਚ ਲੈਂਦੀ ਹੈ ਜਦੋਂ ਭਗਵਾਨ ਅਕਾਲ ਪੁਰਖ ਦਾ ਹੁਕਮ ਹੋਵੇ (ਉਸ ਨੂੰ ਮਾਰਨ ਲਈ) ॥੭॥

57877	1354	ਸਬਦੰ ਰਤੰ ਹਿਤੰ ਮਇਆ ਕੀਰਤੰ ਕਲੀ ਕਰਮ ਕ੍ਰਿਤੁਆ॥	ਕਰਨੇ (ਕ੍ਰਿਤੁਆ) ਯੋਗ ਹੈ	Sabadhan Rathan Hithan Maeiaa Keerathan Kalee Karam Kirathuaa ||	To be imbued and attuned to the Word of the Shabad; to be kind and compassionate; to sing the Kirtan of the Lord's Praises - these are the most worthwhile actions in this Dark Age of Kali Yuga.	ਗੁਰ-ਸ਼ਬਦ ਵਿਚ ਪ੍ਰੀਤਿ, ਜੀਅ-ਦਇਆ ਨਾਲ ਹਿਤ, ਪਰਮਾਤਮਾ ਦੀ ਸਿਫ਼ਤ-ਸਾਲਾਹ-ਇਸ ਜਗਤ ਵਿਚ ਜੋ ਮਨੁੱਖ ਇਹ ਕੰਮ ਕਰਦਾ ਹੈ (ਲਫ਼ਜ਼ੀ, ਇਹ ਕਰਮ ਕਰ ਕੇ),
57878	1354	ਮਿਟੰਤਿ ਤਤ੍ਰਾਗਤ ਭਰਮ ਮੋਹੰ॥	(ਤਤ੍ਰਾ-ਗਤ) ਤਿਸ ਦੇ ਅੰਦਰ ਜੋ ਆਇਆ ਹੈ ਭਰਮ। ਮਿ-ਟੰਤਿ	Mittanth Thathraagath Bharam Mohan ||	In this way, one's inner doubts and emotional attachments are dispelled.	ਉਥੇ ਆਏ ਹੋਏ (ਭਾਵ, ਉਸ ਦੇ) ਭਰਮ ਤੇ ਮੋਹ ਮਿਟ ਜਾਂਦੇ ਹਨ।
57879	1354	ਭਗਵਾਨ ਰਮਣੰ ਸਰਬਤ੍ਰ ਥਾਨ੍ਹਿੰ॥	ਸਰਬੱਤ੍ਰ। ਥਾਨ੍ਹਿੰ: ਥਾਨਿਅੰ	Bhagavaan Ramanan Sarabathr Thhaaniyan ||	God is pervading and permeating all places.	ਉਸ ਨੂੰ ਭਗਵਾਨ ਹਰ ਥਾਂ ਵਿਆਪਕ ਦਿੱਸਦਾ ਹੈ।
57880	1354	ਦ੍ਰਿਸਟ ਤੁਯੰ ਅਮੋਘ ਦਰਸਨੰ ਬਸੰਤ ਸਾਧ ਰਸਨਾ॥	ਤੁ-ਯੰ: ਯੰ ਤਾਲੂ ਤੋਂ ਬੋਲੋ। (ਬੋਲਤੁ-ਯੰ) ਆਪ ਜੀ। (ਅਮੋਘ) ਸਫਲ	Dhrisatt Thuyan Amogh Dharasanan Basanth Saadhh Rasanaa ||	So obtain the Blessed Vision of His Darshan; He dwells upon the tongues of the Holy.	ਤੂੰ ਸੰਤਾਂ ਦੀ ਜੀਭ ਉਤੇ ਵੱਸਦਾ ਹੈਂ, ਤੇਰਾ ਦੀਦਾਰ ਤੇਰੀ (ਮਿਹਰ ਦੀ) ਨਜ਼ਰ ਕਦੇ ਨਿਸਫਲ ਨਹੀਂ ਹਨ

57881	1354	ਹਰਿ ਹਰਿ ਹਰਿ ਹਰੇ ਨਾਨਕ ਪ੍ਰਿਅੰ ਜਾਪੁ ਜਪਨਾ॥੮॥		Har Har Har Harae Naanak Prian Jaap Japanaa ||8||	O Nanak, meditate and chant the Name of the Beloved Lord, Har, Har, Har, Haray. ||8||	ਨਾਨਕ (ਆਖਦਾ ਹੈ) ਹੇ ਹਰੀ! (ਉਨ੍ਹਾਂ ਸੰਤ ਜਨਾਂ ਨੂੰ) ਤੇਰਾ ਨਾਮ ਜਪਣਾ ਪਿਆਰਾ ਲੱਗਦਾ ਹੈ ॥੮॥
57882	1354	ਘਟੰਤ ਰੂਪੰ ਘਟੰਤ ਦੀਪੰ ਘਟੰਤ ਰਵਿ ਸਸੀਅਰ ਨਖ੍ਯਤ੍ਰ ਗਗਨੰ॥	ਨਖਿਅੱਤ੍ਰ, ਘ-ਟੰਤ	Ghattanth Roopan Ghattanth Dheepan Ghattanth Rav Saseear Nakhyathr Gaganan ||	Beauty fades away, islands fade away, the sun, moon, stars and sky fade away.	ਰੂਪ ਨਾਸਵੰਤ ਹੈ, (ਸੱਤੇ) ਦੀਪ ਨਾਸਵੰਤ ਹਨ, ਸੂਰਜ ਚੰਦ੍ਰਮਾ ਤਾਰੇ ਆਕਾਸ਼ ਨਾਸਵੰਤ ਹਨ,
57883	1354	ਘਟੰਤ ਬਸੁਧਾ ਗਿਰਿ ਤਰ ਸਿ ਖੰਡੰ॥	(ਸਿ) ਤਿੰਨ ਲੋਕ। ਬਸੁ-ਧਾ: ਪੋਲਾ ਬੋਲੋ	Ghattanth Basudhhaa Gir Thar Sikhanddan ||	The earth, mountains, forests and lands fade away.	ਧਰਤੀ ਉਚੇ ਉਚੇ ਪਹਾੜ ਤੇ ਰੁੱਖ ਨਾਸਵੰਤ ਹਨ,
57884	1354	ਘਟੰਤ ਲਲਨਾ ਸੁਤ ਭ੍ਰਾਤ ਹੀਤੰ॥	(ਲਲਨਾ) ਜੀਭ, ਇਸਤ੍ਰੀ	Ghattanth Lalanaa Suth Bhraath Heethan ||	One's spouse, children, siblings and loved friends fade away.	ਇਸਤ੍ਰੀ ਪੁਤ੍ਰ, ਭਰਾ ਤੇ ਸਨਬੰਧੀ ਨਾਸਵੰਤ ਹਨ,
57885	1354	ਘਟੰਤ ਕਨਿਕ ਮਾਨਿਕ ਮਾਇਆ ਸ੍ਵਰੂਪੰ॥	ਸ੍ਵਰੂਪੰ: ਸੁਅਰੂਪੰ	Ghattanth Kanik Maanik Maaeiaa Svaroopan ||	Gold and jewels and the incomparable beauty of Maya fade away.	ਸੋਨਾ ਮੋਤੀ ਮਾਇਆ ਦੇ ਸਾਰੇ ਸਰੂਪ ਨਾਸਵੰਤ ਹਨ।
57886	1354	ਨਹ ਘਟੰਤ ਕੇਵਲ ਗੋਪਾਲ ਅਚੁਤ॥	(ਅ-ਚੁੱਤ) ਅਟੱਲ, ਅਵਿਨਾਸ	Neh Ghattanth Kaeval Gopaal Achuth ||	Only the Eternal, Unchanging Lord does not fade away.	ਕੇਵਲ ਅਬਿਨਾਸੀ ਗੋਪਾਲ ਪ੍ਰਭੂ ਨਾਸਵੰਤ ਨਹੀਂ ਹੈ,

57887	1354	ਅਸਥਿਰੰ ਨਾਨਕ ਸਾਧ ਜਨ॥੯॥	ਅਸ-ਥਿਰੰ	Asathhiran Naanak Saadhh Jan ||9||	O Nanak, only the humble Saints are steady and stable forever. ||9||	ਅਤੇ ਹੇ ਨਾਨਕ! ਉਸ ਦੀ ਸਾਧ ਸੰਗਤ ਭੀ ਸਦਾ-ਥਿਰ ਹੈ ॥੯॥
57888	1354	ਨਹ ਬਿਲੰਬ ਧਰਮੰ ਬਿਲੰਬ ਪਾਪੰ॥	ਧਰਮੰ: ਦੇਲ਼ੀ ਦੀਵਾ ਹੈ। ਅਰਥ ਕਰਨ ਵੇਲੇ ਤੁਕ ਦੇ ਦੋ ਹਿੱਸੇ ਕਰਨੇ ਜਿਵੇਂ, ਨਹ ਬਿਲੰਬ ਧਰਮੰ, ਧਰਮੰ ਬਿਲੰਬ ਪਾਪੰ, ਅਰਥ ਹੈ ਕਿ ਧਰਮ ਕਰਨ ਲਗਿਆਂ ਦੇਰੀ ਨਾ ਕਰੋ, ਧਰਮ ਕਰਨ ਲਗਿਆਂ ਦੇਰੀ ਕਰਨਾ ਹੀ ਪਾਪ ਹੈ।	Neh Bilanb Dhharaman Bilanb Paapan ||	Do not delay in practicing righteousness; delay in committing sins.	ਧਰਮ ਕਮਾਣ ਵਲੋਂ ਢਿੱਲ ਨਾਹ ਕਰਨੀ, ਪਾਪਾਂ ਵਲੋਂ ਢਿੱਲ ਕਰਨੀ,
57889	1354	ਦ੍ਰਿੜੰਤ ਨਾਮੰ ਤਜੰਤ ਲੋਭੰ॥		Dhrirranth Naaman Thajanth Lobhan ||	Implant the Naam, the Name of the Lord, within yourself, and abandon greed.	ਨਾਮ (ਹਿਰਦੇ ਵਿਚ) ਦ੍ਰਿੜ ਕਰਨਾ ਅਤੇ ਲੋਭ ਤਿਆਗਣਾ,
57890	1354	ਸਰਣਿ ਸੰਤੰ ਕਿਲਬਿਖ ਨਾਸੰ ਪ੍ਰਾਪਤੰ ਧਰਮ ਲਖ੍ਯਿਣ॥	ਲਖ੍ਯਿਣ: ਲੱਖਿਅਣ	Saran Santhan Kilabikh Naasan Praapathan Dhharam Lakhiyan ||	In the Sanctuary of the Saints, the sins are erased. The character of righteousness is received by that person,	ਸੰਤਾਂ ਦੀ ਸਰਨ ਜਾ ਕੇ ਪਾਪਾਂ ਦਾ ਨਾਸ ਕਰਨਾ- ਧਰਮ ਦੇ ਇਹ ਲੱਛਣ-

57891	1354	ਨਾਨਕ ਜਿਹ ਸੁਪ੍ਰਸੰਨ ਮਾਧਵਹ॥੧੦॥	ਸੁਪ੍ਰਸੰਨ	Naanak Jih Suprasann Maadhhaveh ||10||	O Nanak, with whom the Lord is pleased and satisfied. ||10||	ਹੇ ਨਾਨਕ! ਉਸ ਮਨੁੱਖ ਨੂੰ ਪ੍ਰਾਪਤ ਹੁੰਦੇ ਹਨ ਜਿਸ ਉਤੇ ਪਰਮਾਤਮਾ ਮੇਹਰ ਕਰਦਾ ਹੈ ॥੧੦॥
57892	1354	ਮਿਰਤ ਮੋਹੰ ਅਲਪ ਬੁਧ੍ਧੰ ਰਚੰਤਿ ਬਨਿਤਾ ਬਿਨੋਦ ਸਾਹੰ॥	ਬੁਧ੍ਧੰ: ਬੁੱਧਿਅੰ। ਬਨਿ-ਤਾ	Mirath Mohan Alap Budhhyan Rachanth Banithaa Binodh Saahan ||	The person of shallow understanding is dying in emotional attachment; he is engrossed in pursuits of pleasure with his wife.	ਹੋਛੀ ਮੱਤ ਵਾਲਾ ਮਨੁੱਖ ਨਾਸਵੰਤ ਪਦਾਰਥਾਂ ਦੇ ਮੋਹ ਵਿਚ ਲੀਨ ਰਹਿੰਦਾ ਹੈ, ਇਸਤ੍ਰੀ ਦੇ ਕਲੋਲ ਤੇ ਚਾਵਾਂ ਵਿਚ ਮਸਤ ਰਹਿੰਦਾ ਹੈ।
57893	1354	ਜੌਬਨ ਬਹਿਕ੍ਰਮ ਕਨਿਕ ਕੁੰਡਲਹ॥	ਬਲ ਪ੍ਰਾਕ੍ਰਮ ਸਹਿਤ। (ਬਹਿ-ਕ੍ਰਮ) ਜੁਆਨ	Jaaban Behikram Kanik Kunddaleh ||	With youthful beauty and golden earrings,	ਜੁਆਨੀ, ਤਾਕਤ, ਸੋਨੇ ਦੇ ਕੁੰਡਲ (ਆਦਿਕ),
57894	1354	ਬਚਿਤ੍ਰ ਮੰਦਿਰ ਸੋਭੰਤਿ ਬਸਤ੍ਰਾ ਇਤ੍ਰੰਤ ਮਾਇਆ ਬ੍ਯਾਪਿਤੰ॥	ਨਾਨਾ ਤਰ੍ਹਾਂ ਦੀ (ਬ-ਚਿਤ੍ਰ) ਚਿੱਤ੍ਰਕਾਰੀ ਵਾਲੇ। ਇਤ੍ਰੰਤ: ਇਤਿਅੰਤ, ਬ੍ਯਾਪਿਤੰ: ਬਿਆਪਿਤੰ	Bachithr Mandhir Sobhanth Basathraa Eithyanth Maaeiaa Byaapithan ||	Wondrous mansions, decorations and clothes - this is how Maya clings to him.	ਰੰਗਾ-ਰੰਗ ਦੇ ਮਹਲ-ਮਾੜੀਆਂ, ਸੋਹਣੇ ਬਸਤ੍ਰ-ਇਹਨਾਂ ਤਰੀਕਿਆਂ ਨਾਲ ਉਸ ਨੂੰ ਮਾਇਆ ਵਿਆਪਦੀ ਹੈ (ਆਪਣਾ ਪ੍ਰਭਾਵ ਪਾਂਦੀ ਹੈ)।
57895	1354	ਹੇ ਅਚੁਤ ਸਰਣਿ ਸੰਤ ਨਾਨਕ ਭੋ ਭਗਵਾਨ ਏ ਨਮਹ॥੧੧॥	(ਅ-ਚੁੱਤ) ਅਚੱਲ। (ਭੋ) ਹੇ ਭਗਵਾਨ ਜੀ! ਆਪ ਜੀ (ਏ) ਨੂੰ	Hae Achuth Saran Santh Naanak Bho Bhagavaaneae Nameh ||11||	O Eternal, Unchanging, Benevolent Lord God, O Sanctuary of the Saints, Nanak humbly bows to You. ||11||	ਨਾਨਕ (ਆਖਦਾ ਹੈ) ਹੇ ਅਬਿਨਾਸ਼ੀ! ਹੇ ਸੰਤਾਂ ਦੇ ਸਹਾਰੇ! ਹੇ ਭਗਵਾਨ! ਤੈਨੂੰ ਸਾਡੀ ਨਮਸਕਾਰ ਹੈ (ਤੂੰ ਹੀ ਮਾਇਆ ਦੇ ਪ੍ਰਭਾਵ ਤੋਂ ਬਚਾਣ ਵਾਲਾ ਹੈਂ) ॥੧੧॥

57896	1354	ਜਨਮੰ ਤ ਮਰਣੰ ਹਰਖੰ ਤ ਸੋਗੰ ਭੋਗੰ ਤ ਰੋਗੰ॥	(ਦੂਜਾ ਪਾਠ: ਜਨਮੰਤ)	Janaman Th Maranan Harakhan Th Sogan Bhogan Th Rogan ||	If there is birth, then there is death. If there is pleasure, then there is pain. If there is enjoyment, then there is disease.	(ਜਿਥੇ) ਜਨਮ ਹੈ (ਉਥੇ) ਮੌਤ ਭੀ ਹੈ, ਖ਼ੁਸ਼ੀ ਹੈ ਤਾਂ ਗ਼ਮੀ ਭੀ ਹੈ, (ਮਾਇਕ ਪਦਾਰਥਾਂ ਦੇ) ਭੋਗ ਹਨ ਤਾਂ (ਉਹਨਾਂ ਤੋਂ ਉਪਜਦੇ) ਰੋਗ ਭੀ ਹਨ।
57897	1354	ਊਚੰ ਤ ਨੀਚੰ ਨਾਨ੍ਹਾ ਸੁ ਮੂਚੰ॥		Oochan Th Neechan Naanhaa S Moochan ||	If there is high, then there is low. If there is small, then there is great.	ਜਿਥੇ ਉੱਚਾ-ਪਨ ਹੈ, ਉਥੇ ਨੀਵਾਂ-ਪਨ ਭੀ ਆ ਜਾਂਦਾ ਹੈ, ਜਿਥੇ ਗ਼ਰੀਬੀ ਹੈ, ਉਥੇ ਵਡੱਪਣ ਭੀ ਆ ਸਕਦਾ ਹੈ।
57898	1355	ਰਾਜੰ ਤ ਮਾਨੰ ਅਭਿਮਾਨੰ ਤ ਹੀਨੰ॥		Raajan Th Maanan Abhimaanan Th Heenan ||	If there is power, then there is pride. If there is egotistical pride, then there will be a fall.	ਜਿਥੇ ਰਾਜ ਹੈ, ਉਥੇ ਅਹੰਕਾਰ ਭੀ ਹੈ, ਜਿਥੇ ਅਹੰਕਾਰ ਹੈ, ਉਥੇ ਨਿਰਾਦਰੀ ਭੀ ਹੈ।
57899	1355	ਪ੍ਰਵਿਰਤਿ ਮਾਰਗੰ ਵਰਤੰਤਿ ਬਿਨਾਸਨੰ॥		Pravirath Maaragan Varathanth Binaasanan ||	Engrossed in worldly ways, one is ruined.	ਸੋ ਦੁਨੀਆ ਦੇ ਰਸਤੇ ਵਿਚ ਹਰੇਕ ਚੀਜ਼ ਦਾ ਅੰਤ (ਭੀ) ਹੈ।
57900	1355	ਗੋਬਿੰਦ ਭਜਨ ਸਾਧਸੰਗੇਣ ਅਸਥਿਰੰ ਨਾਨਕ ਭਗਵੰਤ ਭਜਨਾਸਨੰ॥੧੨॥	ਅਸ-ਥਿਰੰ	Gobindh Bhajan Saadhh Sangaen Asathhiran Naanak Bhagavanth Bhajanaasanan ||12||	Meditating and vibrating on the Lord of the Universe in the Company of the Holy, you shall become steady and stable. Nanak vibrates and meditates on the Lord God. ||12||	ਸਦਾ-ਥਿਰ ਰਹਿਣ ਵਾਲੀ ਪਰਮਾਤਮਾ ਦੀ ਭਗਤੀ ਹੀ ਹੈ ਜੋ ਸਾਧ ਸੰਗਤ (ਦੇ ਆਸਰੇ ਕੀਤੀ ਜਾ ਸਕਦੀ ਹੈ)। (ਇਸ ਵਾਸਤੇ) ਹੇ ਨਾਨਕ! ਭਗਵਾਨ ਦੇ ਭਜਨ ਦਾ ਭੋਜਨ (ਆਪਣੀ ਜਿੰਦ ਨੂੰ ਦੇਹ) ॥੧੨॥

57901	1355	ਕਿਰਪੰ ਤ ਹਰੀਅੰ ਮਤਿ ਤਤੁ ਗਿਆਨੰ॥	ਤੱਤੁ। (ਦੂਜਾ ਪਾਠ: ਕਿਰਪੰਤ)	Kirapanth Hareean Math Thath Giaanan ||	By the Grace of God, genuine understanding comes to the mind.	ਜਿਥੇ ਪਰਮਾਤਮਾ ਦੀ ਕਿਰਪਾ ਹੋਵੇ ਉਥੇ ਮਨੁੱਖ ਦੀ ਅਕਲ ਨੂੰ ਸਹੀ ਜੀਵਨ ਦੀ ਸੂਝ ਆ ਜਾਂਦੀ ਹੈ,
57902	1355	ਬਿਗਸੀਧ੍ਰਿ ਬੁਧਾ ਕੁਸਲ ਥਾਨੰ॥	(ਬਿਗਸੀਧ੍ਰਿ)ਬੁੱਧਾ। ਬਿਗਸੀਧ੍ਰਿ: ਬਿਗਸੀਧਿਅ	Bigaseedhhiy Budhhaa Kusal Thhaanan ||	The intellect blossoms forth, and one finds a place in the realm of celestial bliss.	(ਅਜੇਹੀ ਬੁੱਧੀ) ਸੁਖ ਦਾ ਟਿਕਾਣਾ ਬਣ ਜਾਂਦੀ ਹੈ, (ਅਜੇਹੀ ਬੁੱਧੀ ਵਾਲੇ) ਗਿਆਨਵਾਨ ਲੋਕ ਸਦਾ ਖਿੜੇ ਰਹਿੰਦੇ ਹਨ।
57903	1355	ਬਸ੍ਯੰਤ ਰਿਖਿਅੰ ਤਿਆਗਿ ਮਾਨੰ॥	(ਬਸ੍ਯੰਤ) ਵੱਸ ਕਰਦੇ ਹਨ। (ਰਿਖਿਅੰ) ਇੰਦ੍ਰਿਆਂ, ਧਰਮ ਰਾਜਾਕਾਲ ਨੂੰ। ਬਸ੍ਯੰਤ: ਬਸਿਅੰਤ। (ਦੂਜਾ ਪਾਠ: ਬਸ੍ਯੰ ਤ)	Basiyanth Rikhian Thiaag Maanan ||	The senses are brought under control, and pride is abandoned.	ਮਾਣ ਤਿਆਗਣ ਕਰ ਕੇ ਉਹਨਾਂ ਦੇ ਇੰਦ੍ਰੇ ਵੱਸ ਵਿਚ ਰਹਿੰਦੇ ਹਨ,
57904	1355	ਸੀਤਲੰਤ ਰਿਦਯੰ ਦ੍ਰਿੜੁ ਸੰਤ ਗਿਆਨੰ॥	ਯੰ: ਤਾਲੂ ਤੋਂ ਬੋਲ ਰਿਦ-ਯੰ। (ਦੂਜਾ ਪਾਠ: ਸੀਤਲੰ ਤ)	Seethalanth Ridhayan Dhrirr Santh Giaanan ||	The heart is cooled and soothed, and the wisdom of the Saints is implanted within.	ਉਹਨਾਂ ਦਾ ਹਿਰਦਾ (ਸਦਾ) ਸੀਤਲ ਰਹਿੰਦਾ ਹੈ, ਇਹ ਸ਼ਾਂਤੀ ਵਾਲਾ ਗਿਆਨ ਉਹਨਾਂ ਦੇ ਅੰਦਰ ਪੱਕਾ ਰਹਿੰਦਾ ਹੈ।
57905	1355	ਰਹੰਤ ਜਨਮੰ ਹਰਿ ਦਰਸ ਲੀਣਾ॥	ਰ-ਹੰਤ	Rehanth Janaman Har Dharas Leenaa ||	Reincarnation is ended, and the Blessed Vision of the Lord's Darshan is obtained.	ਪਰਮਾਤਮਾ ਦੇ ਦੀਦਾਰ ਵਿਚ ਮਸਤ ਅਜੇਹੇ ਬੰਦਿਆਂ ਦਾ ਜਨਮ (-ਮਰਨ) ਮੁੱਕ ਜਾਂਦਾ ਹੈ,

57906	1355	ਬਾਜੰਤ ਨਾਨਕ ਸਬਦ ਬੀਣਾਂ॥੧੩॥		Baajanth Naanak Sabadh Beenaan ||13||	O Nanak, the musical instrument of the Word of the Shabad vibrates and resounds within. ||13||	ਹੇ ਨਾਨਕ! ਉਹਨਾਂ ਦੇ ਅੰਦਰ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਦੇ ਵਾਜੇ (ਸਦਾ) ਵੱਜਦੇ ਹਨ ॥੧੩॥
57907	1355	ਕਹੰਤ ਬੇਦਾ ਗੁਣੰਤ ਗੁਨੀਆ ਸੁਣੰਤ ਬਾਲਾ ਬਹੁ ਬਿਧਿ ਪ੍ਰਕਾਰਾ॥	(ਗੁ-ਣੰਤ) ਵਿਚਾਰਦੇ ਹਨ। (ਗੁਨੀਆ) ਗਿਆਨਵਾਨ। ਬਾਲਾ:ਪੋਲਾ ਬੋਲੋ। ਬਾਲਾ (ਬਾਲ) ਗੁਰਸੇਵਕ ਕ-ਹੰਤ। ਸੁ-ਣੰਤ	Kehanth Baedhaa Gunanth Guneeaa Sunanth Baalaa Bahu Bidhh Prakaaraa ||	The Vedas preach and recount God's Glories; people hear them by various ways and means.	ਜੋ ਕੁਝ ਵੇਦ ਆਖਦੇ ਹਨ, ਉਸ ਨੂੰ ਵਿਦਵਾਨ ਮਨੁੱਖ ਕਈ ਢੰਗਾਂ ਤਰੀਕਿਆਂ ਨਾਲ ਵਿਚਾਰਦੇ ਹਨ, ਤੇ (ਉਹਨਾਂ ਦੇ) ਵਿਦਿਆਰਥੀ ਸੁਣਦੇ ਹਨ।
57908	1355	ਦ੍ਰਿੜੰਤ ਸੁਬਿਦਿਆ ਹਰਿ ਹਰਿ ਕ੍ਰਿਪਾਲਾ॥	ਸੁਬਿੱਦਿਆ	Dhrirranth Subidhiaa Har Har Kirapaalaa ||	The Merciful Lord, Har, Har, implants spiritual wisdom within.	ਪਰ ਜਿਨ੍ਹਾਂ ਉਤੇ ਪਰਮਾਤਮਾ ਦੀ ਕਿਰਪਾ ਹੋਵੇ, ਉਹ (ਪਰਮਾਤਮਾ ਦੇ ਸਿਮਰਨ ਦੀ) ਸ੍ਰੇਸ਼ਟ ਵਿਦਿਆ ਨੂੰ (ਆਪਣੇ ਹਿਰਦੇ ਵਿਚ) ਦ੍ਰਿੜ ਕਰਦੇ ਹਨ।
57909	1355	ਨਾਮ ਦਾਨੁ ਜਾਚੰਤ ਨਾਨਕ ਦੈਨਹਾਰ ਗੁਰ ਗੋਪਾਲਾ॥੧੪॥		Naam Dhaan Jaachanth Naanak Dhainehaar Gur Gopaalaa ||14||	Nanak begs for the Gift of the Naam, the Name of the Lord. The Guru is the Great Giver, the Lord of the World. ||14||	ਹੇ ਨਾਨਕ! ਉਹ ਵਡਭਾਗੀ ਮਨੁੱਖ ਦੇਵਣਹਾਰ ਗੁਰੂ ਪਰਮਾਤਮਾ ਤੋਂ (ਸਦਾ) ਨਾਮਿ ਦੀ ਦਾਤ ਹੀ ਮੰਗਦੇ ਹਨ ॥੧੪॥

57910	1355	ਨਹ ਚਿੰਤਾ ਮਾਤ ਪਿਤ ਭ੍ਰਾਤਹ ਨਹ ਚਿੰਤਾ ਕਛੁ ਲੋਕ ਕਹ॥		Neh Chinthaa Maath Pith Bhraatheh Neh Chinthaa Kashh Lok Keh ||	Do not worry so much about your mother, father and siblings. Do not worry so much about other people.	ਮਾਂ ਪਿਉ ਭਰਾ ਇਹਨਾਂ ਵਾਸਤੇ ਚਿੰਤਾ ਕਰਨੀ ਵਿਅਰਥ ਹੈ,
57911	1355	ਨਹ ਚਿੰਤਾ ਬਨਿਤਾ ਸੁਤ ਮੀਤਹ ਪ੍ਰਵਿਰਤਿ ਮਾਇਆ ਸਨਬੰਧਨਹ॥	ਬਨਿ-ਤਾ। ਸਨ-ਬੰਧ-ਨਹ	Neh Chinthaa Banithaa Suth Meetheh Pravirath Maaeiaa Sanabandhhaneh ||	Do not worry about your spouse, children and friends. You are obsessed with your involvements in Maya.	ਇਸਤ੍ਰੀ ਪੁੱਤਰ ਮਿੱਤਰ ਅਤੇ ਹੋਰ ਲੋਕ- ਜੋ ਮਾਇਆ ਵਿਚ ਪਰਵਿਰਤ ਹੋਣ ਕਰਕੇ (ਸਾਡੇ) ਸਨਬੰਧੀ ਹਨ, ਇਹਨਾਂ ਵਾਸਤੇ ਕਿਸੇ ਤਰ੍ਹਾਂ ਦੀ ਚਿੰਤਾ ਵਿਅਰਥ ਹੈ।
57912	1355	ਦਇਆਲ ਏਕ ਭਗਵਾਨ ਪੁਰਖਹ ਨਾਨਕ ਸਰਬ ਜੀਅ ਪ੍ਰਤਿਪਾਲਕਹ॥੧੫॥	ਦ-ਇਆਲ, ਪ੍ਰਤਿ-ਪਾਲਕਹ	Dhaeiaal Eaek Bhagavaan Purakheh Naanak Sarab Jeea Prathipaalakeh ||15||	The One Lord God is Kind and Compassionate, O Nanak. He is the Cherisher and Nurturer of all living beings. ||15||	ਹੇ ਨਾਨਕ! ਸਾਰੇ ਜੀਵਾਂ ਦਾ ਪਾਲਣ ਵਾਲਾ ਦਇਆ ਦਾ ਸਮੁੰਦਰ ਇਕ ਭਗਵਾਨ ਅਕਾਲ ਪੁਰਖ ਹੀ ਹੈ ॥੧੫॥

57913	1355	ਅਨਿਤ੍ਰ ਵਿਤੰ ਅਨਿਤ੍ਰ ਚਿਤੰ ਅਨਿਤ੍ਰ ਆਸਾ ਬਹੁ ਬਿਧਿ ਪ੍ਰਕਾਰੰ॥	(ਅਨਿਤ੍ਰ) ਨਾਸਵੰਤ, ਝੂਠਾ।ਅ-ਨਿੱਤਿਅ: ਪੋਲਾ ਬੋਲੋ	Anithy Vithan Anithy Chithan Anithy Aasaa Bahu Bidhh Prakaaran ||	Wealth is temporary; conscious existence is temporary; hopes of all sorts are temporary.	ਧਨ ਨਿੱਤ ਰਹਿਣ ਵਾਲਾ ਨਹੀਂ ਹੈ, (ਇਸ ਵਾਸਤੇ ਧਨ ਦੀਆਂ) ਸੋਚਾਂ ਵਿਅਰਥ (ਉੱਦਮ) ਹੈ, ਅਤੇ ਧਨ ਦੀਆਂ ਕਈ ਕਿਸਮ ਦੀਆਂ ਆਸਾਂ (ਬਣਾਈਆਂ ਭੀ) ਵਿਅਰਥ ਹੈ।
57914	1355	ਅਨਿਤ੍ਰ ਹੇਤੰ ਅਹੰ ਬੰਧੰ ਭਰਮ ਮਾਇਆ ਮਲਨੰ ਬਿਕਾਰੰ॥		Anithy Haethan Ahan Bandhhan Bharam Maaeiaa Malanan Bikaaran ||	The bonds of love, attachment, egotism, doubt, Maya and the pollution of corruption are temporary.	ਨਿੱਤ ਨਾਹ ਰਹਿਣ ਵਾਲੇ ਪਦਾਰਥਾਂ ਦੇ ਮੋਹ ਦੇ ਕਾਰਨ ਹਉਮੈ ਦਾ ਬੱਧਾ ਜੀਵ ਮਾਇਆ ਦੀ ਖ਼ਾਤਰ ਭਟਕਦਾ ਹੈ, ਤੇ, ਮੈਲੇ ਮੰਦੇ ਕਰਮ ਕਰਦਾ ਹੈ।
57915	1355	ਫਿਰੰਤ ਜੋਨਿ ਅਨੇਕ ਜਠਰਾਗਨਿ ਨਹ ਸਿਮਰੰਤ ਮਲੀਣ ਬੁਧ੍ਯੰ॥	ਬੁੱਧਿਅੰ	Firanth Jon Anaek Jatharaagan Neh Simaranth Maleen Budhhyan ||	The mortal passes through the fire of the womb of reincarnation countless times. He does not remember the Lord in meditation; his understanding is polluted.	ਮੈਲੀ ਮੱਤ ਵਾਲਾ ਬੰਦਾ ਅਨੇਕਾਂ ਜੂਨਾਂ ਵਿਚ ਭੌਂਦਾ ਹੈ ਅਤੇ (ਮਾਂ ਦੇ) ਪੇਟ ਦੀ ਅੱਗ ਨੂੰ ਚੇਤੇ ਨਹੀਂ ਰੱਖਦਾ (ਜੋ ਜੂਨ ਵਿਚ ਪਿਆਂ ਸਹਾਰਨੀ ਪੈਂਦੀ ਹੈ)।

57916	1355	ਹੇ ਗੋਬਿੰਦ ਕਰਤ ਮਇਆ ਨਾਨਕ ਪਤਿਤ ਉਧਾਰਣ ਸਾਧਸੰਗਮਹ ॥੧੬॥	ਮ-ਇਆ, (ਸੰਗਮਹ) ਇਕੱਤ੍ਰਤਾ, ਸਾਧਸੰਗਤ	Hae Gobindh Karath Maeiaa Naanak Pathith Oudhhaaran Saadhh Sangameh ||16||	O Lord of the Universe, when You grant Your Grace, even sinners are saved. Nanak dwells in the Saadh Sangat, the Company of the Holy. ||16||	ਨਾਨਕ (ਬੇਨਤੀ ਕਰਦਾ ਹੈ) ਹੇ ਗੋਬਿੰਦ! ਮੇਹਰ ਕਰ, ਤੇ ਜੀਵ ਨੂੰ ਸਾਧ ਸੰਗਤ ਬਖ਼ਸ਼ ਜਿਥੇ ਵਡੇ ਵਿਕਰਮੀ ਵੀ ਬਚ ਨਿਕਲਦੇ ਹਨ ॥੧੬॥
57917	1355	ਗਿਰੰਤ ਗਿਰਿ ਪਤਿਤ ਪਾਤਾਲੰ ਜਲੰਤ ਦੇਦੀਪ੍ਯ ਬੈਸ੍ਵਾਂਤਰਹ॥	(ਦੇਦੀਪ੍ਯ)ਬਲ਼ਦੀ। ਦੇਦੀਪ੍ਯ: ਦੇਦੀਪਿਅ। ਬੈਸ੍ਵਾਂਤਰਹ: ਬੈਸੁਆਂਤਰਹ। (ਬੈਸ੍ਵਾਂਤਰਹ) ਅੱਗ	Giranth Gir Pathith Paathaalan Jalanth Dhaedheepy Baisvaanthareh ||	You may drop down from the mountains, and fall into the nether regions of the underworld, or be burnt in the blazing fire,	ਪਹਾੜ ਤੋਂ ਡਿੱਗ ਕੇ ਪਾਤਾਲ ਵਿਚ ਜਾ ਪੈਣਾ, ਭੜਕਦੀ ਅੱਗ ਵਿਚ ਸੜਨਾ,
57918	1355	ਬਹੰਤਿ ਅਗਾਹ ਤੋਯੰ ਤਰੰਗੰ ਦੁਖੰਤ ਗ੍ਰਹ ਚਿੰਤਾ ਜਨਮੰ ਤ ਮਰਣਹ॥	(ਬ-ਹੰਤਿ) ਰੁੜ੍ਹਨੇ ਕਰਕੇ। (ਅਗਾਹ) ਡੂੰਘੇ। (ਤੋ-ਯੰ) ਪਾਣੀ। ਤੋ-ਯੰ: ਯੰ ਤਾਲੂ ਤੋਂ ਬੋਲ	Behanth Agaah Thoyan Tharangan Dhukhanth Greh Chinthaa Janaman Th Maraneh ||	Or swept away by the unfathomable waves of water; but the worst pain of all is household anxiety, which is the source of the cycle of death and rebirth.	ਡੂੰਘੇ ਪਾਣੀਆਂ ਦੀਆਂ ਠਿੱਲਾਂ ਵਿਚ ਰੁੜ੍ਹ ਜਾਣਾ- ਘਰ ਦੀ ਚਿੰਤਾ (ਮਾਇਆ ਦੇ ਮੋਹ) ਅਤੇ ਜਨਮ ਮਰਨ ਦੇ ਦੁੱਖਾਂ ਤੋਂ (ਬਚਣ ਲਈ)
57919	1355	ਅਨਿਕ ਸਾਧਨੰ ਨ ਸਿਧ੍ਯਤੇ ਨਾਨਕ॥	ਸਿਧ੍ਯਤੇ: ਸਿੱਧਿਅਤੇ। (ਸਿਧ੍ਯਤੇ) ਮੁਕਤ ਨਹੀਂ ਹੋ ਸਕਦਾ।	Anik Saadhhanan N Sidhhyathae Naanak||	No matter what you do, you cannot break its bonds, O Nanak.||	ਅਜੇਹੇ ਅਨੇਕਾਂ (ਕਠਨ) ਸਾਧਨ, ਸਫਲ ਨਹੀਂ ਹੁੰਦੇ। ਹੇ ਨਾਨਕ!

57920	1355	ਅਸਥੰਭੰ ਅਸਥੰਭੰ ਅਸਥੰਭੰ ਸਬਦ ਸਾਧ ਸ੍ਵਜਨਹ॥੧੭॥	(ਅਸ-ਥੰਭੰ) ਇਸਥਿੱਤ, ਆਸਰਾ। ਸ੍ਵਜਨਹ: ਸੁਅਜਨਹ	Asathhanbhan Asathhanbhan Asathhanbhan Sabadh Saadhh Svajaneh ||17||	Man's only Support, Anchor and Mainstay is the Word of the Shabad, and the Holy, Friendly Saints. ||17||	ਸਦਾ ਲਈ ਜੀਵ ਦਾ ਆਸਰਾ ਗੁਰ-ਸ਼ਬਦ ਹੀ ਹੈ ਜੋ ਸਾਧ ਸੰਗਤ ਵਿਚ ਮਿਲਦਾ ਹੈ ॥੧੭॥
57921	1355	ਘੋਰ ਦੁਖ੍ਯੰ ਅਨਿਕ ਹਤ੍ਯੰ ਜਨਮ ਦਾਰਿਦ੍ਰੰ ਮਹਾ ਬਿਖ੍ਯਾਦੰ॥	ਬਿਖ੍ਯਾਦੰ: ਬਿਖਿਆਦੰ। (ਬਿਖ੍ਯਾਦੰ) ਝਗੜੇ। ਦੁਖ੍ਯੰ: ਦੁੱਖਿਅੰ। ਹਤ੍ਯੰ: ਹੱਤਿਅੰ। ਦਾਰਿਦ੍ਰੰ	Ghor Dhukhyan Anik Hathyan Janam Dhaaridhran Mehaa Bikhyaadhan ||	Excruciating pain, countless killings, reincarnation, poverty and terrible misery	ਭਿਆਨਕ ਦੁੱਖ-ਕੇਲਸ਼, (ਕੀਤੇ ਹੋਏ) ਅਨੇਕਾਂ ਖ਼ੂਨ, ਜਨਮਾਂ ਜਨਮਾਂਤਰਾਂ ਦੀ ਗ਼ਰੀਬੀ, ਵੱਡੇ ਵੱਡੇ ਪੁਆੜੇ-ਇਹ ਸਾਰੇ,
57922	1355	ਮਿਟੰਤ ਸਗਲ ਸਿਮਰੰਤ ਹਰਿ ਨਾਮ ਨਾਨਕ ਜੈਸੇ ਪਾਵਕ ਕਾਸਟ ਭਸਮੰ ਕਰੋਤਿ॥੧੮॥		Mittanth Sagal Simaranth Har Naam Naanak Jaisae Paavak Kaasatt Bhasaman Karoth ||18||	Are all destroyed by meditating in remembrance on the Lord's Name, O Nanak, just as fire reduces piles of wood to ashes. ||18||	ਹੇ ਨਾਨਕ! ਪਰਮਾਤਮਾ ਦਾ ਨਾਮ ਸਿਮਰਿਆਂ ਮਿਟ ਜਾਂਦੇ ਹਨ, ਜਿਵੇਂ ਅੱਗ ਲੱਕੜਾਂ ਨੂੰ ਸੁਆਹ ਕਰ ਦੇਂਦੀ ਹੈ ॥੧੮॥
57923	1355	ਅੰਧਕਾਰ ਸਿਮਰਤ ਪ੍ਰਕਾਸੰ ਗੁਣ ਰਮੰਤ ਅਘ ਖੰਡਨਹ॥		Andhhakaar Simarath Prakaasan Gun Ramanth Agh Khanddaneh ||	Meditating in remembrance on the Lord, the darkness is illuminated. Dwelling on His Glorious Praises, the ugly sins are destroyed.	ਪਰਮਾਤਮਾ ਦਾ ਨਾਮ ਸਿਮਰਿਆਂ (ਅਗਿਆਨਤਾ ਦਾ) ਹਨੇਰਾ (ਦੂਰ ਹੋ ਕੇ) (ਆਤਮਕ ਜੀਵਨ ਦੀ ਸੂਝ ਦਾ) ਚਾਨਣ ਹੋ ਜਾਂਦਾ ਹੈ। ਪ੍ਰਭੂ ਦੇ ਗੁਣ ਚੇਤੇ ਕੀਤਿਆਂ ਪਾਪਾਂ ਦਾ ਨਾਸ ਹੋ ਜਾਂਦਾ ਹੈ।

57924	1355	ਰਿਦ ਬਸੰਤਿ ਭੈ ਭੀਤ ਦੂਤਹ ਕਰਮ ਕਰਤ ਮਹਾ ਨਿਰਮਲਹ॥	ਨਾਮ ਰਿਦੇ (ਬ-ਸੰਤਿ) ਵਸਨ ਤੋਂ ਦੂਤ ਭੈ ਭੀਤ ਹੋ ਜਾਂਦੇ ਹਨ।	Ridh Basanth Bhai Bheeth Dhootheh Karam Karath Mehaa Niramaleh ||	Enshrining the Lord deep within the heart, and with the immaculate karma of doing good deeds, one strikes fear into the demons.	ਪ੍ਰਭੂ ਦਾ ਨਾਮ ਹਿਰਦੇ ਵਿਚ ਵੱਸਿਆਂ ਜਮਦੂਤ ਭੀ ਡਰਦੇ ਹਨ, ਉਹ ਮਨੁੱਖ ਬੜੇ ਪਵਿਤ੍ਰ ਕਰਮ ਕਰਨ ਵਾਲਾ ਬਣ ਜਾਂਦਾ ਹੈ।
57925	1355	ਜਨਮ ਮਰਣ ਰਹੰਤ ਸ੍ਰੋਤਾ ਸੁਖ ਸਮੂਹ ਅਮੋਘ ਦਰਸਨਹ॥	ਰ-ਹੰਤ	Janam Maran Rehanth Srothaa Sukh Samooh Amogh Dharasaneh ||	The cycle of coming and going in reincarnation is ended, absolute peace is obtained, and the Fruitful Vision of the Lord's Darshan.	ਪ੍ਰਭੂ ਦੀ ਸਿਫ਼ਤ-ਸਾਲਾਹ ਸੁਣਨ ਵਾਲੇ ਦਾ ਜਨਮ ਮਰਨ (ਦਾ ਗੇੜ) ਮੁੱਕ ਜਾਂਦਾ ਹੈ, ਪ੍ਰਭੂ ਦਾ ਦੀਦਾਰ ਫਲ ਦੇਣ ਤੋਂ ਖੁੰਝਦਾ ਨਹੀਂ, ਅਨੇਕਾਂ ਸੁਖ ਦੇਂਦਾ ਹੈ।
57926	1355	ਸਰਣਿ ਜੋਗੰ ਸੰਤ ਪ੍ਰਿਅ ਨਾਨਕ ਸੋ ਭਗਵਾਨ ਖੇਮੰ ਕਰੋਤਿ॥੧੯॥	(ਖੇਮੰ) ਕਲਿਆਨ	Saran Jogan Santh Pria Naanak So Bhagavaan Khaeman Karoth ||19||	He is Potent to give Protection, He is the Lover of His Saints. O Nanak, the Lord God blesses all with bliss. ||19||	ਹੇ ਨਾਨਕ! ਉਹ ਭਗਵਾਨ ਜੋ ਸੰਤਾਂ ਦਾ ਪਿਆਰਾ ਹੈ ਤੇ ਸਰਨ ਆਇਆਂ ਦੀ ਸਹੈਤਾ ਕਰਨ ਦੇ ਸਮਰੱਥ ਹੈ (ਭਗਤਾਂ ਨੂੰ ਸਭ) ਸੁਖ ਦੇਂਦਾ ਹੈ ॥੧੯॥
57927	1355	ਪਾਛੰ ਕਰੋਤਿ ਅਗ੍ਰਣੀਵਹ ਨਿਰਾਸੰ ਆਸ ਪੂਰਨਹ॥	(ਅੱਗ੍ਰਣੀ-ਵਹ) ਅਗੇ ਕਰ ਦਿੰਦੇ ਹਨ	Paashhan Karoth Agraneeveh Niraasan Aas Pooraneh ||	Those who were left behind - the Lord brings them to the front. He fulfills the hopes of the hopeless.	ਉਹ ਪ੍ਰਭੂ ਪਿੱਛੇ ਤੁਰਨ ਵਾਲਿਆਂ ਨੂੰ ਆਗੂ ਬਣਾ ਦੇਂਦਾ ਹੈ, ਨਿਰਾਸਿਆਂ ਦੀਆਂ ਆਸਾਂ ਪੂਰੀਆਂ ਕਰਦਾ ਹੈ।

57928	1355	ਨਿਰਧਨ ਭਯੰ ਧਨਵੰਤਹ ਰੋਗੀਅੰ ਰੋਗ ਖੰਡਨਹ॥	ਭਯੰ: ਯੰ ਤਾਲੂ ਤੋਂ ਬੋਲੋ	Niradhhan Bhayan Dhhanavantheh Rogeean Rog Khanddaneh ||	He makes the poor rich, and cures the illnesses of the ill.	(ਉਸ ਦੀ ਮੇਹਰ ਨਾਲ) ਕੰਗਾਲ ਧਨ ਵਾਲਾ ਬਣ ਜਾਂਦਾ ਹੈ। ਉਹ ਮਾਲਕ ਰੋਗੀਆਂ ਦੇ ਰੋਗ ਨਾਸ ਕਰਨ-ਜੋਗ ਹੈ।
57929	1355	ਭਗਤ੍ਹੰ ਭਗਤਿ ਦਾਨੰ ਰਾਮ ਨਾਮ ਗੁਣ ਕੀਰਤਨਹ॥	ਭਗਤ੍ਹੰ: ਭਗਤਿਅੰ	Bhagathyan Bhagath Dhaanan Raam Naam Gun Keerathaneh ||	He blesses His devotees with devotion. They sing the Kirtan of the Praises of the Lord's Name.	ਪ੍ਰਭੂ ਆਪਣੇ ਭਗਤਾਂ ਨੂੰ ਆਪਣੀ ਭਗਤੀ ਨਾਮ ਅਤੇ ਗੁਣਾਂ ਦੀ ਸਿਫ਼ਤ-ਸਾਲਾਹ ਦੀ ਦਾਤ ਦੇਂਦਾ ਹੈ।
57930	1355	ਪਾਰਬ੍ਰਹਮ ਪੁਰਖ ਦਾਤਾਰਹ ਨਾਨਕ ਗੁਰ ਸੇਵਾ ਕਿੰ ਨ ਲਭ੍ਯਤੇ॥੨੦॥	(ਕਿੰ) ਕੀ ਨਹੀਂ ਲੱਭਦਾ, ਕਿਉਂ ਨਹੀਂ ਲੱਭਦੇ। ਲਭ੍ਯਤੇ: ਲੱਭਿਅਤੇ	Paarabreham Purakh Dhaathaareh Naanak Gur Saevaa Kin N Labhyathae ||20||	O Nanak, those who serve the Guru find the Supreme Lord God, the Great Giver||20||	ਸਰਬ-ਵਿਆਪਕ ਪ੍ਰਭੂ ਸਭ ਦਾਤਾਂ ਦੇਣ ਵਾਲਾ ਹੈ। ਹੇ ਨਾਨਕ! ਗੁਰੂ ਦੀ ਸੇਵਾ ਦੀ ਰਾਹੀਂ (ਉਸ ਪਾਸੋਂ) ਕੀਹ ਕੁਝ ਨਹੀਂ ਮਿਲਦਾ? ॥੨੦॥
57931	1355	ਅਧਰੰ ਧਰੰ ਧਾਰਣਹ ਨਿਰਧਨੰ ਧਨ ਨਾਮ ਨਰਹਰਹ॥	ਅ-ਧਰੰ	Adhharan Dhharan Dhhaaraneh Niradhhanan Dhhan Naam Narehareh ||	He gives Support to the unsupported. The Name of the Lord is the Wealth of the poor.	ਪਰਮਾਤਮਾ ਦਾ ਨਾਮ ਨਿਆਸਰਿਆਂ ਨੂੰ ਆਸਰਾ ਦੇਣ ਵਾਲਾ ਹੈ, ਅਤੇ ਧਨ-ਹੀਣਾਂ ਦਾ ਧਨ ਹੈ।

57932	1355	ਅਨਾਥ ਨਾਥ ਗੋਬਿੰਦਹ ਬਲਹੀਣ ਬਲ ਕੇਸਵਹ॥		Anaathh Naathh Gobindheh Baleheen Bal Kaesaveh ||	The Lord of the Universe is the Master of the masterless; the Beautiful-haired Lord is the Power of the weak.	ਗੋਬਿੰਦ ਅਨਾਥਾਂ ਦਾ ਨਾਥ ਹੈ ਤੇ ਕੇਸ਼ਵ-ਪ੍ਰਭੂ ਨਿਤਾਣਿਆਂ ਦਾ ਤਾਣ ਹੈ।
57933	1355	ਸਰਬ ਭੂਤ ਦਯਾਲ ਅਚੁਤ ਦੀਨ ਬਾਂਧਵ ਦਾਮੋਦਰਹ॥	(ਭੂਤ) ਸਰੂਪਾਂ ਚ । ਦ-ਯਾਲ: ਦ ਮੁਕਤਾ, ਯਾ ਤਾਲੂ ਤੋਂ ਬੋਲ, ਦਿਆਲ ਨਹੀ ਉਚਾਰਨਾ।ਅ-ਚੁੱਤ	Sarab Bhooth Dhayaal Achuth Dheen Baandhhav Dhaamodhareh ||	The Lord is Merciful to all beings, Eternal and Unchanging, the Family of the meek and humble.	ਅਬਿਨਾਸ਼ੀ ਪ੍ਰਭੂ ਸਭ ਜੀਵਾਂ ਉਤੇ ਦਇਆ ਕਰਨ ਵਾਲਾ ਹੈ ਅਤੇ ਕੰਗਾਲਾਂ ਦਾ ਬੰਧੂ ਹੈ।
57934	1355	ਸਰਬਗ੍ਹ ਪੂਰਨ ਪੁਰਖ ਭਗਵਾਨਹ ਭਗਤਿ ਵਛਲ ਕਰੁਣਾਮਯਹ॥	ਕਰੁਣਾ-ਮਯਹ: ਯ ਤਾਲੂ ਤੋਂ ਬੋਲੋ। (ਕਰੁਣਾਮਯਹ) ਕ੍ਰਿਪਾਲੂ ਸਰੂਪ। ਸਰਬਗ੍ਹ: ਸਰਬੱਗਿਅ	Sarabagy Pooran Purakh Bhagavaaneh Bhagath Vashhal Karunaa Mayeh ||	The All-knowing, Perfect, Primal Lord God is the Lover of His devotees, the Embodiment of Mercy.	ਸਰਬ-ਵਿਆਪਕ ਭਗਵਾਨ ਸਭ ਜੀਆਂ ਦੇ ਦਿਲ ਦੀ ਜਾਣਨ ਵਾਲਾ ਹੈ, ਭਗਤੀ ਨੂੰ ਪਿਆਰ ਕਰਦਾ ਹੈ ਅਤੇ ਤਰਸ ਦਾ ਘਰ ਹੈ।
57935	1356	ਘਟਿ ਘਟਿ ਬਸੰਤ ਬਾਸੁਦੇਵਹ ਪਾਰਬ੍ਰਹਮ ਪਰਮੇਸੁਰਹ॥		Ghatt Ghatt Basanth Baasudhaeveh Paarabreham Paramaesureh ||	The Supreme Lord God, the Transcendent, Luminous Lord, dwells in each and every heart.	ਪਰਮਾਤਮਾ ਪਾਰਬ੍ਰਹਮ ਪਰਮੇਸਰ ਹਰੇਕ ਦੇ ਹਿਰਦੇ ਵਿਚ ਵੱਸਦਾ ਹੈ।

57936	1356	ਜਾਚੰਤਿ ਨਾਨਕ ਕ੍ਰਿਪਾਲ ਪ੍ਰਸਾਦੰ ਨਹ ਬਿਸਰੰਤਿ ਨਹ ਬਿਸਰੰਤਿ ਨਾਰਾਇਣਹ॥੨੧॥	ਜਾ-ਚੰਤਿ। ਬਿਸ-ਰੰਤਿ	Jaachanth Naanak Kirapaal Prasaadhan Neh Bisaranth Neh Bisaranth Naaraaeineh ||21||	Nanak begs for this blessing from the Merciful Lord, that he may never forget Him, never forget Him. ||21||	ਨਾਨਕ ਉਸ ਕਿਰਪਾਲ ਨਾਰਾਇਣ ਤੋਂ ਕਿਰਪਾ ਦਾ ਇਹ ਦਾਨ ਮੰਗਦਾ ਹੈ ਕਿ ਉਹ ਮੈਨੂੰ ਕਦੇ ਨਾਹ ਵਿੱਸਰੇ, ਕਦੇ ਨਾਹ ਵਿੱਸਰੇ ॥੨੧॥
57937	1356	ਨਹ ਸਮਰਥੰ ਨਹ ਸੇਵਕੰ ਨਹ ਪ੍ਰੀਤਿ ਪਰਮ ਪੁਰਖੋਤਮੰ॥	ਸਮਰੱਥੰ	Neh Samarathhan Neh Saevakan Neh Preeth Param Purakhothaman ||	I have no power; I do not serve You, and I do not love You, O Supreme Sublime Lord God.	ਹੇ ਪਰਮ ਉੱਤਮ ਅਕਾਲ ਪੁਰਖ! (ਮੇਰੇ ਅੰਦਰ ਸਿਮਰਨ ਦੀ) ਨਾਹ ਹੀ ਸਮਰੱਥਾ ਹੈ, ਨਾ ਹੀ ਮੈਂ ਸੇਵਕ ਹਾਂ, ਨਾਹ ਹੀ ਮੇਰੇ ਅੰਦਰ (ਤੇਰੇ ਚਰਨਾਂ ਦੀ) ਪ੍ਰੀਤ ਹੈ।
57938	1356	ਤਵ ਪ੍ਰਸਾਦਿ ਸਿਮਰਤੇ ਨਾਮੰ ਨਾਨਕ ਕ੍ਰਿਪਾਲ ਹਰਿ ਹਰਿ ਗੁਰੰ॥੨੨॥		Thav Prasaadh Simarathae Naaman Naanak Kirapaal Har Har Guran ||22||	By Your Grace, Nanak meditates on the Naam, the Name of the Merciful Lord, Har, Har. ||22||	ਹੇ ਕ੍ਰਿਪਾਲ ਹਰੀ! ਹੇ ਗੁਰੂ ਹਰੀ! (ਤੇਰਾ ਦਾਸ) ਨਾਨਕ ਤੇਰੀ ਮੇਹਰ ਨਾਲ (ਹੀ) ਤੇਰਾ ਨਾਮ ਸਿਮਰਦਾ ਹੈ ॥੨੨॥
57939	1356	ਭਰਣ ਪੋਖਣ ਕਰੰਤ ਜੀਆ ਬਿਸ੍ਰਾਮ ਛਾਦਨ ਦੇਵੰਤ ਦਾਨੰ॥	ਕ-ਰੰਤ	Bharan Pokhan Karanth Jeeaa Bisraam Shhaadhan Dhaevanth Dhaanan ||	The Lord feeds and sustains all living beings; He blesses them gifts of restful peace and fine clothes.	ਸਾਰੇ ਜੀਵਾਂ ਦਾ ਪਾਲਣ-ਪੋਸ਼ਣ ਕਰਦਾ ਹੈ, ਕੱਪੜਾ ਆਸਰਾ ਆਦਿਕ ਦਾਤਾਂ ਦੇਂਦਾ ਹੈ।

57940	1356	ਸ੍ਰਿਜੰਤ ਰਤਨ ਜਨਮ ਚਤੁਰ ਚੇਤਨਹ॥	(ਚਤੁਰ) ਸਿਆਣੇ ਪੁਰਖ ਰੱਬ ਜੀ ਨੂੰ (ਚੇਤਨਹ) ਚੇਤੇ ਕਰਦੇ ਹਨ	Srijanth Rathan Janam Chathur Chaethaneh ||	He created the jewel of human life, with all its cleverness and intelligence.	ਸਮਰੱਥ ਚੇਤਨ-ਸਰੂਪ ਪਰਮਾਤਮਾ (ਹੀ ਜੀਵਾਂ ਨੂੰ) ਸ੍ਰੇਸ਼ਟ ਮਨੁੱਖਾ ਜਨਮ ਦੇਂਦਾ ਹੈ।
57941	1356	ਵਰਤੰਤਿ ਸੁਖ ਆਨੰਦ ਪ੍ਰਸਾਦਹ॥	ਵਰ-ਤੰਤਿ	Varathanth Sukh Aanandh Prasaadheh ||	By His Grace, mortals abide in peace and bliss.	ਉਸ ਆਨੰਦ-ਰੂਪ ਪ੍ਰਭੂ ਦੀ ਕਿਰਪਾ ਨਾਲ ਜੀਵ ਸੁਖੀ ਰਹਿੰਦੇ ਹਨ।
57942	1356	ਸਿਮਰੰਤ ਨਾਨਕ ਹਰਿ ਹਰਿ ਹਰੇ॥		Simaranth Naanak Har Har Harae ||	O Nanak, meditating in remembrance on the Lord, Har, Har, Haray,	ਹੇ ਨਾਨਕ! ਜੋ ਜੀਵ ਉਸ ਹਰੀ ਨੂੰ ਸਿਮਰਦੇ ਹਨ,
57943	1356	ਅਨਿਤ੍ਰ ਰਚਨਾ ਨਿਰਮੋਹ ਤੇ॥੨੩॥	(ਨਿਰਮੋਹ) ਬਿਨਾ ਮੋਹ। (ਤੇ) ਤੋਂ।ਅਨਿਤ੍ਰ: ਅ-ਨਿੱਤਿਅ	Anithy Rachanaa Niramoh Thae ||23||	The mortal is released from attachment to the world. ||23||	ਉਸ ਇਸ ਨਾਸਵੰਤ ਰਚਨਾ ਤੋਂ ਨਿਰਮੋਹ ਰਹਿੰਦੇ ਹਨ ॥੨੩॥
57944	1356	ਦਾਨੰ ਪਰਾ ਪੂਰਬੇਣ ਭੁੰਚੰਤੇ ਮਹੀਪਤੇ॥	ਵਾਹਿਗੁਰੂ ਜੀ ਪਹਿਲੇ (ਪੂਰਬੇਣ) ਸਮੇਂ ਜਨਮਾਂ ਜਨਮਾਂ ਤੋਂ (ਪਰਾ) ਸ੍ਰੇਸਟ ਦਾਨ ਦਿੰਦੇ ਆ ਰਹੇ ਹਨ। ਭੁੰ-ਚੰਤੇ। ਮਹੀ-ਪਤੇ	Dhaanan Paraa Poorabaen Bhunchanthae Meheepathae ||	The kings of the earth are eating up the blessings of the good karma of their past lives.	ਪੂਰਬਲੇ ਜਨਮਾਂ ਵਿਚ ਕੀਤੇ ਪੁੰਨ-ਕਰਮਾਂ ਦਾ ਸਦਕਾ ਰਾਜੇ (ਇਥੇ ਰਾਜ-ਮਿਲਖ ਦੀ) ਮਾਲਕੀ ਮਾਣਦੇ ਹਨ।
57945	1356	ਬਿਪਰੀਤ ਬੁਧ੍ਧੰ ਮਾਰਤ ਲੋਕਹ ਨਾਨਕ ਚਿਰੰਕਾਲ ਦੁਖ ਭੋਗਤੇ॥੨੪॥	ਬਿਪਰੀਤ ਉਲਟੀ (ਬੁਧ੍ਧੰ) ਬੁੱਧ ਵਾਲੇ (ਲੋਕਹ) ਲੋਕਾਂ ਨੂੰ ਮਾਰਦੇ ਹਨ। ਬੁਧ੍ਧੰ: ਬੁੱਧਿਅੰ	Bipareeth Budhhyan Maarath Lokeh Naanak Chirankaal Dhukh Bhogathae ||24||	Those cruel-minded rulers who oppress the people, O Nanak, shall suffer in pain for a very long time. ||24||	ਪਰ, ਹੇ ਨਾਨਕ! ਇਥੇ ਨਾਸਵੰਤ ਜਗਤ ਵਿਚ (ਉਹਨਾਂ ਸੁਖਾਂ ਦੇ ਕਾਰਨ) ਜਿਨ੍ਹਾਂ ਦੀ ਬੁੱਧੀ ਉਲਟੀ ਹੋ ਜਾਂਦੀ ਹੈ, ਉਹ ਚਿਰਕਾਲ ਤਕ ਦੁੱਖ ਭੋਗਦੇ ਹਨ ॥੨੪॥

57946	1356	ਬ੍ਰਿਥਾ ਅਨੁਗ੍ਰਹੰ ਗੋਬਿੰਦਹ ਜਸ੍ਰ ਸਿਮਰਣ ਰਿਦੰਤਰਹ॥	(ਬ੍ਰਿਥਾ) ਖ਼ਾਲੀ (ਅ-ਨੁੱਗ੍ਰਹੰ) ਕਿਰਪਾ ਤੋਂ। ਜਸ੍ਰ: ਜੱਸਿਅ	Brithhaa Anugrehan Gobindheh Jasy Simaran Ridhanthareh ||	Those who meditate in remembrance on the Lord in their hearts, look upon even pain as God's Grace.	ਜੋ ਮਨੁੱਖ ਗੋਬਿੰਦ ਦੀ ਮੇਹਰ ਤੋਂ ਵਾਂਜੇ ਹੋਏ ਹਨ, ਜਿਨ੍ਹਾਂ ਦੇ ਹਿਰਦੇ ਉਸ ਦੇ ਸਿਮਰਨ ਤੋਂ ਸੱਖਣੇ ਹਨ,
57947	1356	ਆਰੋਗ੍ਯੰ ਮਹਾ ਰੋਗ੍ਯੰ ਬਿਸਿਮ੍ਰਿਤੇ ਕਰੁਣਾਮਯਹ॥੨੫॥	ਕਰਤਾਰ ਜੀ ਦੇ (ਬਿ-ਸਿਮਰਿ ਤੇ) ਸਿਮਰਨ ਰਹਿਤ।ਆਰੋਗ੍ਯੰ: ਆਰੋਗਿਅੰ, ਰੋਗ੍ਯੰ: ਰੋਗਿਅੰ।ਕਰੁਣਾ-ਮਯਹ: ਯ ਤਾਲੂ ਤੋਂ ਬੋਲੋ	Aarogyan Mehaa Rogyan Bisimrithae Karunaa Mayeh ||25||	The healthy person is very sick, if he does not remember the Lord, the Embodiment of Mercy. ||25||	ਉਹ ਨਰੋਏ ਮਨੁੱਖ ਭੀ ਵੱਡੇ ਰੋਗੀ ਹਨ, ਕਿਉਂਕਿ ਉਹ ਦਇਆ ਸਰੂਪ ਗੋਬਿੰਦ ਨੂੰ ਵਿਸਾਰ ਰਹੇ ਹਨ ॥੨੫॥
57948	1356	ਰਮਣੰ ਕੇਵਲੰ ਕੀਰਤਨੰ ਸੁਧਰਮੰ ਦੇਹ ਧਾਰਣਹ॥	(ਰਮਣੰ) ਉਚਾਰੀਏ। (ਸੁ-ਧਰਮੰ) ਸ੍ਰੇਸ਼ਟ ਧਰਮ	Ramanan Kaevalan Keerathanan Sudhharaman Dhaeh Dhhaaraneh ||	To sing the Kirtan of God's Praises is the righteous duty incurred by taking birth in this human body.	ਕੇਵਲ ਸਿਫ਼ਤ-ਸਾਲਾਹ ਕਰਨੀ ਮਨੁੱਖਾਂ ਦਾ ਸ੍ਰੇਸ਼ਟ ਧਰਮ ਹੈ।
57949	1356	ਅੰਮ੍ਰਿਤ ਨਾਮੁ ਨਾਰਾਇਣ ਨਾਨਕ ਪੀਵਤੰ ਸੰਤ ਨ ਤ੍ਰਿਪ੍ਯਤੇ॥੨੬॥	ਤ੍ਰਿਪ੍ਯਤੇ: ਤ੍ਰਿਪਿਅਤੇ	Anmrith Naam Naaraaein Naanak Peevathan Santh N Thripyathae ||26||	The Naam, the Name of the Lord, is Ambrosial Nectar, O Nanak. The Saints drink it in, and never have enough of it. ||26||	ਹੇ ਨਾਨਕ! ਸੰਤ ਜਨ ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਜਲ ਪੀਂਦਿਆਂ ਰੱਜਦੇ ਨਹੀਂ ॥੨੬॥

57950	1356	ਸਹਣ ਸੀਲ ਸੰਤੰ ਸਮ ਮਿਤ੍ਰਸ੍ਰ ਦੁਰਜਨਹ॥	ਮਿਤ੍ਰਸ੍ਰ: ਮਿੱਤ੍ਰੱਸਿਅ। ਦੁਰਜ–ਨਹ	Sehan Seel Santhan Sam Mithrasy Dhurajaneh ||	The Saints are tolerant and good-natured; friends and enemies are the same to them.	ਸੰਤ ਜਨਾਂ ਨੂੰ ਮਿਤ੍ਰ ਅਤੇ ਦੁਰਜਨ ਇੱਕ-ਸਮਾਨ ਹੁੰਦੇ ਹਨ। ਦੂਜਿਆਂ ਦੀ ਵਧੀਕੀ ਨੂੰ ਸਹਾਰਨਾ-ਇਹ ਉਹਨਾਂ ਦਾ ਸੁਭਾਉ ਬਣ ਜਾਂਦਾ ਹੈ।
57951	1356	ਨਾਨਕ ਭੋਜਨ ਅਨਿਕ ਪ੍ਰਕਾਰੇਣ ਨਿੰਦਕ ਆਵਧ ਹੋਇ ਉਪ ਤਿਸਟਤੇ॥੨੭॥	(ਉਪ) ਨੇੜੇ (ਤਿਸਟਤੇ) ਖਲੋਤਾ ਹੈ	Naanak Bhojan Anik Prakaaraen Nindhak Aavadhh Hoe Oupathisattathae ||27||	O Nanak, it is all the same to them, whether someone offers them all sorts of foods, or slanders them, or draws weapons to kill them. ||27||	ਹੇ ਨਾਨਕ! ਮਿਤ੍ਰ ਤਾਂ ਅਨੇਕਾਂ ਕਿਸਮਾਂ ਦੇ ਭੋਜਨ ਲੈ ਕੇ, ਪਰ ਨਿੰਦਕ (ਉਹਨਾਂ ਨੂੰ ਮਾਰਨ ਵਾਸਤੇ) ਸ਼ਸਤ੍ਰ ਲੈ ਕੇ ਉਹਨਾਂ ਪਾਸ ਜਾਂਦੇ ਹਨ (ਉਹ ਦੋਹਾਂ ਨੂੰ ਪਿਆਰ ਦੀ ਦ੍ਰਿਸ਼ਟੀ ਨਾਲ ਤੱਕਦੇ ਹਨ) ॥੨੭॥
57952	1356	ਤਿਰਸਕਾਰ ਨਹ ਭਵੰਤਿ ਨਹ ਭਵੰਤ ਮਾਨ ਭੰਗਨਹ॥	(ਨਹ) ਨਹੀਂ (ਭਵੰਤਿ) ਹੁੰਦਾ	Thirasakaar Neh Bhavanth Neh Bhavanth Maan Bhanganeh ||	They pay no attention to dishonor or disrespect.	ਉਹਨਾਂ (ਬੰਦਿਆਂ ਦੀ) ਦੀ ਕਦੇ ਨਿਰਾਦਰੀ ਨਹੀਂ ਹੋ ਸਕਦੀ, ਉਹਨਾਂ ਦਾ ਕਦੇ ਅਪਮਾਨ ਨਹੀਂ ਹੋ ਸਕਦਾ,
57953	1356	ਸੋਭਾ ਹੀਨ ਨਹ ਭਵੰਤਿ ਨਹ ਪੋਹੰਤਿ ਸੰਸਾਰ ਦੁਖਨਹ॥		Sobhaa Heen Neh Bhavanth Neh Pohanth Sansaar Dhukhaneh ||	They are not bothered by gossip; the miseries of the world do not touch them.	ਉਹਨਾਂ ਦੀ ਕਦੇ ਭੀ ਸੋਭਾ ਨਹੀਂ ਮਿਟਦੀ, ਅਤੇ ਉਹਨਾਂ ਨੂੰ ਸੰਸਾਰ ਦੇ ਦੁੱਖ ਪੋਹ ਨਹੀਂ ਸਕਦੇ,

57954	1356	ਗੋਬਿੰਦ ਨਾਮ ਜਪੰਤਿ ਮਿਲਿ ਸਾਧਸੰਗਹ ਨਾਨਕ ਸੇ ਪ੍ਰਾਣੀ ਸੁਖ ਬਾਸਨਹ॥੨੮॥	(ਬਾਸਨਹ) ਵਸਦੇ ਹਨ	Gobindh Naam Japanth Mil Saadhh Sangeh Naanak Sae Praanee Sukh Baasaneh ||28||	Those who join the Saadh Sangat, the Company of the Holy, and chant the Name of the Lord of the Universe - O Nanak, those mortals abide in peace. ||28||	ਜਿਹੜੇ ਸਾਧ ਸੰਗਤ ਵਿਚ ਮਿਲ ਕੇ ਗੋਬਿੰਦ ਦਾ ਨਾਮ ਜਪਦੇ ਹਨ। ਹੇ ਨਾਨਕ! ਉਹ ਬੰਦੇ (ਸਦਾ) ਸੁਖੀ ਵਸਦੇ ਹਨ ॥੨੮॥
57955	1356	ਸੈਨਾ ਸਾਧ ਸਮੂਹ ਸੂਰ ਅਜਿਤੰ ਸੰਨਾਹੰ ਤਨਿ ਨਿੰਮ੍ਰਤਾਹ॥	(ਅਜਿੱਤੰ) ਨਾ ਜਿੱਤੇ ਜਾਣ ਵਾਲੇ (ਸੂਰ) ਸੂਰਮੇ। ਸੈਨਾ: ਪੋਲਾ ਬੋਲੋ	Sainaa Saadhh Samooh Soor Ajithan Sannaahan Than Ninmrathaah ||	The Holy people are an invincible army of spiritual warriors; their bodies are protected by the armor of humility.	ਸੰਤ-ਜਨ ਅਜਿੱਤ ਸੂਰਮਿਆਂ ਦੀ ਸੈਨਾ ਹੈ। ਗ਼ਰੀਬੀ ਸੁਭਾਉ ਉਹਨਾਂ ਦੇ ਸਰੀਰ ਉਤੇ ਸੰਜੋਅ ਹੈ;
57956	1356	ਆਵਧਹ ਗੁਣ ਗੋਬਿੰਦ ਰਮਣੰ ਓਟ ਗੁਰ ਸਬਦ ਕਰ ਚਰਮਣਹ॥	ਚਰਮ–ਣਹ	Aavadhheh Gun Gobindh Ramanan Outt Gur Sabadh Kar Charamaneh ||	Their weapons are the Glorious Praises of the Lord which they chant; their Shelter and Shield is the Word of the Guru's Shabad.	ਗੋਬਿੰਦ ਦੇ ਗੁਣ ਗਾਉਣੇ ਉਹਨਾਂ ਪਾਸ ਸ਼ਸਤ੍ਰ ਹਨ; ਗੁਰ-ਸ਼ਬਦ ਦੀ ਓਟ ਉਹਨਾਂ ਦੇ ਹੱਥ ਦੀ ਢਾਲ ਹੈ।
57957	1356	ਆਰੂੜਤੇ ਅਸ੍ਵ ਰਥ ਨਾਗਹ ਬੁਝੰਤੇ ਪ੍ਰਭ ਮਾਰਗਹ॥	(ਆਰੂੜਤੇ) ਸਵਾਰ ਹੁੰਦੇ ਹਨ। (ਅਸ੍ਵ) ਘੋੜੇ ਸ੍ਵਣ ਰੂਪ। (ਰਥ) ਮੰਨਣ ਰੂਪ। (ਨਾਗਹ) ਹਾਥੀ ਨਿਧਿਆਸਣ ਰੂਪ। ਅਸ੍ਵ: ਵਾਵਾ ਅੱਧਾ ਜਾਣਕੇ, ਵਾਵਾ ਪੋਲਾ ਬੋਲੋ। ਬੁੱਝੰਤੇ	Aaroorrathae Asv Rathh Naageh Bujhanthae Prabh Maarageh ||	The horses, chariots and elephants they ride are their way to realize God's Path.	ਸੰਤ-ਜਨ ਪਰਮਾਤਮਾ (ਦੇ ਮਿਲਾਪ) ਦਾ ਰਸਤਾ ਭਾਲਦੇ ਰਹਿੰਦੇ ਹਨ-ਇਹ, ਮਾਨੋ, ਉਹ ਘੋੜੇ ਰਥ ਹਾਥੀਆਂ ਦੀ ਸਵਾਰੀ ਕਰਦੇ ਹਨ।

57958	1356	ਬਿਚਰਤੇ ਨਿਰਭਯੰ ਸਤ੍ਰੁ ਸੈਨਾ ਧਾਯੰਤੇ ਗੁਪਾਲ ਕੀਰਤਨਹ॥	ਨਿਰ-ਭਯੰ: ਯੰ ਤਾਲੂ ਤੋਂ ਬੋਲੋ। (ਧਾ-ਯਮਤੇ) ਧਾਵਾ ਕਰਦੇ ਹਨ।ਗੁ: ਹੋੜੇ ਔਂਕੜ ਵਿਚਾਲੇ ਬੋਲੋ।ਸੱਤ੍ਰੁ	Bicharathae Nirabhayan Sathra Sainaa Dhaayanthae Guopaal Keerathaneh ||	They walk fearlessly through the armies of their enemies; they attack them with the Kirtan of God's Praises.	ਸੰਤ-ਜਨ ਪਰਮਾਤਮਾ ਦੀ ਸਿਫ਼ਤ-ਸਾਲਾਹ (ਦੀ ਸਹੈਤਾ) ਨਾਲ (ਕਾਮਾਦਿਕ) ਵੈਰੀ-ਦਲ ਉਤੇ ਹੱਲਾ ਕਰਦੇ ਹਨ, ਅਤੇ (ਇਸ ਤਰ੍ਹਾਂ ਉਹਨਾਂ ਵਿਚ) ਨਿਡਰ ਹੋ ਕੇ ਤੁਰੇ ਫਿਰਦੇ ਹਨ।
57959	1356	ਜਿਤਤੇ ਬਿਸ੍ਵ ਸੰਸਾਰਹ ਨਾਨਕ ਵਸ੍ਯੰ ਕਰੋਤਿ ਪੰਚ ਤਸਕਰਹ॥੨੯॥	(ਬਿਸ੍ਵ) ਵਾਵਾ ਅੱਧਾ ਪੋਲਾ ਬੋਲੋ।ਵਸ੍ਯੰ: ਵੱਸਿਅੰ।ਤਸ-ਕਰਹ: ਪੋਲਾ ਬੋਲੋ	Jithathae Bisv Sansaareh Naanak Vasyan Karoth Panch Thasakareh ||29||	They conquer the entire world, O Nanak, and overpower the five thieves. ||29||	ਹੇ ਨਾਨਕ! ਸੰਤ-ਜਨ ਉਹਨਾਂ ਪੰਜਾਂ ਚੋਰਾਂ ਨੂੰ ਆਪਣੇ ਵੱਸ ਵਿਚ ਕਰ ਲੈਂਦੇ ਹਨ ਜੋ ਸਾਰੇ ਸੰਸਾਰ ਨੂੰ ਜਿੱਤ ਰਹੇ ਹਨ ॥੨੯॥
57960	1356	ਮ੍ਰਿਗ ਤ੍ਰਿਸਨਾ ਗੰਧਰਬ ਨਗਰੰ ਦ੍ਰੁਮ ਛਾਯਾ ਰਚਿ ਦੁਰਮਤਿਹ॥	ਛਾਯਾ: ਯਾ ਤਾਲੂ ਤੋਂ ਬੋਲ । ਦੁਰ-ਮੱਤਿਹ। ਗੰ-ਧਰਬ	Mrig Thrisanaa Gandhharab Nagaran Dhraam Shhaayaa Rach Dhuramathih ||	Misled by evil-mindedness, mortals are engrossed in the mirage of the illusory world, like the passing shade of a tree.	ਭੈੜੀ ਬੁੱਧੀ ਵਾਲਾ ਬੰਦਾ ਠਗਨੀਰੇ ਨੂੰ ਹਵਾਈ ਕਿਲ੍ਹੇ ਨੂੰ ਅਤੇ ਰੁੱਖ ਦੀ ਛਾਂ ਨੂੰ ਸਹੀ ਮੰਨ ਲੈਂਦਾ ਹੈ।
57961	1356	ਤਤਹ ਕੁਟੰਬ ਮੋਹ ਮਿਥ੍ਯਾ ਸਿਮਰੰਤਿ ਨਾਨਕ ਰਾਮ ਰਾਮ ਨਾਮਹ॥੩੦॥	ਤਤਹ: ਪੋਲਾ ਬੋਲੋ, ਮਿਥਿਆ	Thatheh Kuttanb Moh Mithhyaa Simaranth Naanak Raam Raam Naameh ||30||	Emotional attachment to family is false, so Nanak meditates in remembrance on the Name of the Lord, Raam, Raam. ||30||	ਉਸੇ ਤਰ੍ਹਾਂ ਦਾ ਨਾਸਵੰਤ ਕੁਟੰਬ ਦਾ ਮੋਹ ਹੈ। ਹੇ ਨਾਨਕ! (ਇਸ ਨੂੰ ਤਿਆਗ ਕੇ ਸੰਤ-ਜਨ) ਪਰਮਾਤਮਾ ਦਾ ਨਾਮ ਸਿਮਰਦੇ ਹਨ ॥੩੦॥

57962	1356	ਨਚ ਬਿਦਿਆ ਨਿਧਾਨ ਨਿਗਮੰ ਨਚ ਗੁਣਗ੍ਯ ਨਾਮ ਕੀਰਤਨਹ॥	ਨਚ :ਪੋਲਾ ਬੋਲੋ, ਕੱਸਕੇ ਬੋਲਣ ਨਾਲ ਅਰਥ ਨੱਚਣਾ ਬਣੇਗਾ। (ਨਚ) ਨਹੀਂ। ਗੁਣਗ੍ਯ: ਗੁਣੱਗਿਅ	Nach Bidhiaa Nidhhaan Nigaman Nach Gunagy Naam Keerathaneh ||	I do not possess the treasure of the wisdom of the Vedas, nor do I possess the merits of the Praises of the Naam.	ਨਾਹ ਹੀ ਮੈਂ ਵੇਦ-ਵਿਦਿਆ ਦਾ ਖ਼ਜ਼ਾਨਾ ਹਾਂ, ਨਾਹ ਹੀ ਮੈਂ ਗੁਣਾਂ ਦਾ ਪਾਰਖੂ ਹਾਂ, ਨਾਹ ਹੀ ਮੇਰੇ ਪਾਸ ਪਰਮਾਤਮਾ ਦੀ ਸਿਫ਼ਤ-ਸਾਲਾਹ ਹੈ।
57963	1356	ਨਚ ਰਾਗ ਰਤਨ ਕੰਠੰ ਨਹ ਚੰਚਲ ਚਤੁਰ ਚਾਤੁਰਹ॥		Nach Raag Rathan Kanthan Neh Chanchal Chathur Chaathureh ||	I do not have a beautiful voice to sing jewelled melodies; I am not clever, wise or shrewd.	ਮੇਰੇ ਗਲੇ ਵਿਚ ਸ੍ਰੇਸ਼ਟ ਰਾਗ ਭੀ ਨਹੀਂ, ਨਾਹ ਹੀ ਮੈਂ ਚੁਸਤ ਤੇ ਬੜਾ ਸਿਆਣਾ ਹਾਂ।
57964	1356	ਭਾਗ ਉਦਿਮ ਲਬਧ੍ਯੰ ਮਾਇਆ ਨਾਨਕ ਸਾਧਸੰਗਿ ਖਲ ਪੰਡਿਤਹ॥੩੧॥	(ਉਦਿਮ) ਉੱਦਮ ਵਾਲੇ ਭਾਗ ਕਹੀਦੇ ਹਨ। ਪ੍ਰੇਮਾ-ਭਗਤੀ ਰੂਪ ਮਾਇਆ ਲੱਛਮੀ ਸਾਧਸੰਗਤ ਜੀ ਚੋਂ ਲੱਭਦੀ ਹੈ। ਲਬਧ੍ਯੰ: ਲੱਬਧਿਅੰ। ਪੰਡਿ-ਤਹ	Bhaag Oudhim Labadhhyan Maaeiaa Naanak Saadhhasang Khal Panditheh ||31||	By destiny and hard work, the wealth of Maya is obtained. O Nanak, in the Saadh Sangat, the Company of the Holy, even fools become religious scholars. ||31||	ਪੂਰਬਲੇ ਭਾਗਾਂ ਅਨੁਸਾਰ ਉੱਦਮ ਕੀਤਿਆਂ ਮਾਇਆ ਮਿਲਦੀ ਹੈ (ਉਹ ਭੀ ਮੇਰੇ ਪਾਸ ਨਹੀਂ)। (ਪਰ) ਹੇ ਨਾਨਕ! ਸਤਸੰਗ ਵਿਚ ਆ ਕੇ ਮੂਰਖ (ਭੀ) ਪੰਡਿਤ (ਬਣ ਜਾਂਦਾ ਹੈ, ਇਹੀ ਮੇਰਾ ਭੀ ਆਸਰਾ ਹੈ) ॥੩੧॥

57965	1356	ਕੰਠ ਰਮਣੀਯ ਰਾਮ ਰਾਮ ਮਾਲਾਂ ਹਸਤਊਚ ਪ੍ਰੇਮ ਧਾਰਣੀ॥	ਸੁੰਦਰ ਰਾਮ ਰਾਮ ਜੀ ਨੂੰ ਉਚਾਰਨਾ ਹੀ ਮਾਲਾਂ ਹੈ। ਗਊ ਦੇ ਮੁਖ ਜੈਸੀ ਗੁਥਲੀ ਗੋਮੁਖੀ ਹੈ, ਇਸ ਚ ਹੱਥ ਪਾ ਕੇ ਮਾਲ਼ਾ ਫੇਰਨੀ, ਹਿੰਦੂ ਭਾਈ ਪੁੰਨ ਸਮਝਦੇ ਹਨ। ਪੂਰਨ ਪ੍ਰੀਤ ਧਾਰਨੀ ਹੀ (ਹਸਤ-ਊਚ) ਗੋਮੁਖੀ ਹੈ। ਰਮ-ਣੀਯ: ਯ ਤਾਲੂ ਤੋਂ ਬੋਲੋ। ਮਾਲਾਂ: ਪੋਲਾ ਬੋਲੋ	Kanth Ramaneey Raam Raam Maalaa Hasath Ooch Praem Dhhaaranee ||	The mala around my neck is the chanting of the Lord's Name. The Love of the Lord is my silent chanting.	ਜਿਹੜਾ ਮਨੁੱਖ (ਗਲੇ ਤੋਂ) ਪਰਮਾਤਮਾ ਦੇ ਨਾਮ ਦੇ ਉਚਾਰਨ ਨੂੰ ਗਲੇ ਦੀ ਸੁੰਦਰ ਮਾਲਾ ਬਣਾਂਦਾ ਹੈ, (ਹਿਰਦੇ ਵਿਚ) ਪ੍ਰੇਮ ਟਿਕਾਣ ਨੂੰ ਮਾਲਾ ਦੀ ਥੈਲੀ ਬਣਾਂਦਾ ਹੈ,
57966	1356	ਜੀਹ ਭਣਿਜੋ ਉਤਮ ਸਲੋਕ ਉਧਰਣੰ ਨੈਨ ਨੰਦਨੀ॥੩੨॥	(ਨੈਨ) ਨੇਤ੍ਰਾਂ ਨੂੰ ਨੰਦਨੀ ਪ੍ਰਸੰਨ ਕਰਨ ਵਾਲੀ, ਮਾਇਆ ਤੋਂ (ਉਧਰ-ਣੰ) ਬਚਣਾ ਹੁੰਦਾ ਹੈ	Jeeh Bhan Jo Outham Salok Oudhharanan Nain Nandhanee ||32||	Chanting this most Sublime Word brings salvation and joy to the eyes. ||32||	ਜਿਹੜਾ ਮਨੁੱਖ ਜੀਭ ਨਾਲ ਸਿਫ਼ਤ-ਸਾਲਾਹ ਦੀ ਬਾਣੀ ਉਚਾਰਦਾ ਹੈ, ਉਹ ਮਾਇਆ ਦੇ ਪ੍ਰਭਾਵ ਤੋਂ ਬਚ ਜਾਂਦਾ ਹੈ ॥੩੨॥
57967	1356	ਗੁਰ ਮੰਤ੍ਰ ਹੀਣਸ੍ਰ ਜੋ ਪ੍ਰਾਣੀ ਧ੍ਰਿਗੰਤ ਜਨਮ ਭ੍ਰਸਟਣਹ॥	ਹੀਣਸ੍ਰ: ਹੀਣੱਸਿਅ। ਧ੍ਰਿ-ਗੰਤ	Gur Manthr Heenasy Jo Praanee Dhhriganth Janam Bhrasattaneh ||	That mortal who lacks the Guru's Mantra - cursed and contaminated is his life.	ਜਿਹੜਾ ਬੰਦਾ ਸਤਿਗੁਰੂ ਦੇ ਉਪਦੇਸ਼ ਤੋਂ ਸੱਖਣਾ ਹੈ, ਉਸ ਭੈੜੀ ਬੱਧ ਵਾਲੇ ਦਾ ਜੀਵਨ ਫਿਟਕਾਰ-ਯੋਗ ਹੈ।

57968	1356	ਕੂਕਰਹ ਸੂਕਰਹ ਗਰਧਭਹ ਕਾਕਹ ਸਰਪਨਹ ਤੁਲਿ ਖਲਹ॥੩੩॥	ਅਰਥ ਕਰਨ ਲਈ ਤੁਲਿ ਪਹਿਲਾਂ ਆਉਣ ਵਾਲੇ ਸਾਰੇ ਅੱਖਰਾਂ ਨਾਲ ਲੱਗੇਗਾ, ਕੂਕਰਹ ਤੁਲਿ, ਸੂਕਰਹ ਤੁਲਿ, ਗਰਧਭਹ ਤੁਲਿ, ਕਾਕਹ ਤੁਲਿ। ਤੁੱਲਿ। ਖਲਹ: ਪੋਲਾ ਬੋਲੋ	Kookareh Sookareh Garadhhabheh Kaakeh Sarapaneh Thul Khaleh ||33||	That blockhead is just a dog, a pig, a jackass, a crow, a snake. ||33||	ਉਹ ਮੂਰਖ ਕੁੱਤੇ ਸੂਰ ਖੋਤੇ ਕਾਂ ਸੱਪ ਦੇ ਬਰਾਬਰ (ਜਾਣੋ) ॥੩੩॥
57969	1356	ਚਰਣਾਰਬਿੰਦ ਭਜਨੰ ਰਿਦਯੰ ਨਾਮ ਧਾਰਣਹ॥	ਰਿਦ-ਯੰ: ਯੰ ਤਾਲੂ ਤੋਂ ਬੋਲੋ। ਧਾਰ-ਣਹ	Charanaarabindh Bhajanan Ridhayan Naam Dhhaaraneh ||	Whoever contemplates the Lord's Lotus Feet, and enshrines His Name within the heart,	ਜਿਹੜਾ ਮਨੁੱਖ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਟਿਕਾਂਦਾ ਹੈ, ਪਰਮਾਤਮਾ ਦੇ ਚਰਨ-ਕਮਲਾਂ ਨੂੰ ਸਿਮਰਦਾ ਹੈ,
57970	1357	ਕੀਰਤਨੰ ਸਾਧਸੰਗੇਣ ਨਾਨਕ ਨਹ ਦ੍ਰਿਸਟੰਤਿ ਜਮਦੂਤਨਹ॥੩੪॥		Keerathanan Saadhhasangaen Naanak Neh Dhrisattanth Jamadhoothaneh ||34||	And sings the Kirtan of His Praises in the Saadh Sangat, O Nanak, shall never see the Messenger of Death. ||34||	ਸਾਧ ਸੰਗਤ ਵਿਚ ਜੁੜ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੈ, ਹੇ ਨਾਨਕ! ਜਮਰਾਜ ਦੇ ਦੂਤ ਉਸ ਮਨੁੱਖ ਵਲ ਤੱਕ (ਭੀ) ਨਹੀਂ ਸਕਦੇ (ਕਿਉਂਕਿ ਵਿਕਾਰ ਉਸ ਦੇ ਨੇੜੇ ਨਹੀਂ ਢੁਕਦੇ) ॥੩੪॥
57971	1357	ਨਚ ਦੁਰਲਭੰ ਧਨੰ ਰੂਪੰ ਨਚ ਦੁਰਲਭੰ ਸ੍ਵਰਗ ਰਾਜਨਹ॥	ਨਚ: ਪੋਲਾ ਬੋਲੋ। ਦੁਰ-ਲਭੰ। ਸ੍ਵਰਗ: ਸੁਅਰਗ	Nach Dhuralabhan Dhhanan Roopan Nach Dhuralabhan Svarag Raajaneh ||	Wealth and beauty are not so difficult to obtain. Paradise and royal power are not so difficult to obtain.	ਧਨ ਅਤੇ ਰੂਪ ਲੱਭਣਾ ਬਹੁਤ ਔਖਾ ਨਹੀਂ ਹੈ, ਨਾਹ ਹੀ ਸੁਰਗ ਦਾ ਰਾਜ।

57972	1357	ਨਚ ਦੁਰਲਭੰ ਭੋਜਨੰ ਬਿੰਜਨੰ ਨਚ ਦੁਰਲਭੰ ਸ੍ਵਛ ਅੰਬਰਹ॥	ਨਚ:ਪੋਲਾ ਬੋਲੋ। (ਨਚ) ਨਹੀ।ਦੁਰ-ਲਭੰ। ਸੁਅੱਛ	Nach Dhuralabhan Bhojanan Binjanan Nach Dhuralabhan Svashh Anbareh ||	Foods and delicacies are not so difficult to obtain. Elegant clothes are not so difficuilt to obtain.	ਸੁਆਦਲੇ ਮਸਾਲੇਦਾਰ ਖਾਣੇ ਪ੍ਰਾਪਤ ਕਰਨੇ ਔਖੇ ਨਹੀਂ, ਨਾਹ ਹੀ ਸਾਫ਼ ਸੁਥਰੇ ਕੱਪੜੇ।
57973	1357	ਨਚ ਦੁਰਲਭੰ ਸੁਤ ਮਿਤ੍ਰ ਭ੍ਰਾਤ ਬਾਂਧਵ ਨਚ ਦੁਰਲਭੰ ਬਨਿਤਾ ਬਿਲਾਸਹ॥	ਬਨਿ-ਤਾ	Nach Dhuralabhan Suth Mithr Bhraath Baandhhav Nach Dhuralabhan Banithaa Bilaaseh ||	Children, friends, siblings and relatives are not so difficult to obtain. The pleasures of woman are not so difficult to obtain.	ਪੁੱਤ੍ਰ ਮਿੱਤ੍ਰ ਭਰਾ ਰਿਸ਼ਤੇਦਾਰਾਂ ਦਾ ਮਿਲਣਾ ਬਹੁਤ ਮੁਸ਼ਕਿਲ ਨਹੀਂ, ਨਾਹ ਹੀ ਇਸਤ੍ਰੀ ਦੇ ਲਾਡ-ਪਿਆਰ।
57974	1357	ਨਚ ਦੁਰਲਭੰ ਬਿਦਿਆ ਪ੍ਰਬੀਣੰ ਨਚ ਦੁਰਲਭੰ ਚਤੁਰ ਚੰਚਲਹ॥		Nach Dhuralabhan Bidhiaa Prabeenan Nach Dhuralabhan Chathur Chanchaleh ||	Knowledge and wisdom are not so difficult to obtain. Cleverness and trickery are not so difficult to obtain.	ਵਿਦਿਆ ਹਾਸਲ ਕਰਕੇ ਸਿਆਣਾ ਬਣਨਾ ਭੀ ਬਹੁਤ ਔਖਾ ਨਹੀਂ ਹੈ, ਨਾਹ ਹੀ ਔਖਾ ਹੈ (ਵਿੱਦਿਆ ਦੀ ਸਹੈਤਾ ਨਾਲ) ਚਾਲਾਕ ਤੇ ਤੀਖਣ-ਬੁੱਧ ਹੋਣਾ।

57975	1357	ਦੁਰਲਭੰ ਏਕ ਭਗਵਾਨ ਨਾਮਹ ਨਾਨਕ ਲਬਧ੍ਯਿੰ ਸਾਧਸੰਗਿ ਕ੍ਰਿਪਾ ਪ੍ਰਭੰ॥੩੫॥	ਲਬਧ੍ਯਿੰ: ਲੱਬਧਿਅੰ	Dhuralabhan Eaek Bhagavaan Naameh Naanak Labadhhiyan Saadhhasang Kirapaa Prabhan ||35||	Only the Naam, the Name of the Lord, is difficult to obtain. O Nanak, it is only obtained by God's Grace, in the Saadh Sangat, the Company of the Holy. ||35||	ਹਾਂ! ਹੇ ਨਾਨਕ! ਕੇਵਲ ਪਰਮਾਤਮਾ ਦਾ ਨਾਮ ਮੁਸ਼ਕਿਲ ਨਾਲ ਮਿਲਦਾ ਹੈ। ਨਾਮ ਸਾਧ ਸੰਗਤ ਵਿਚ ਹੀ ਮਿਲਦਾ ਹੈ (ਪਰ ਤਦੋਂ ਮਿਲਦਾ ਹੈ ਜਦੋਂ) ਪਰਮਾਤਮਾ ਦੀ ਮੇਹਰ ਹੋਵੇ ॥੩੫॥
57976	1357	ਜਤ ਕਤਹ ਤਤਹ ਦ੍ਰਿਸਟੰ ਸ੍ਵਰਗ ਮਰਤ ਪਯਾਲ ਲੋਕਹ॥	(ਮਰਤ) ਮਾਤਲੋਕ। ਜਤ, ਕਤਹ, ਤਤਹ: ਪੋਲੇ ਬੋਲੋ। ਸ੍ਵਰਗ: ਸੁ-ਅਰਗ।ਪ-ਯਾਲ:ਯਾ ਤਾਲੂ ਤੋਂ ਬੋਲੋ।	Jath Katheh Thatheh Dhrisattan Svarag Marath Payaal Lokeh ||	Wherever I look, I see the Lord, whether in this world, in paradise, or the nether regions of the underworld.	ਹੇ ਨਾਨਕ! ਜਿਸ ਬੰਦੇ ਨੇ (ਉਸ ਪਰਮਾਤਮਾ) ਨੂੰ ਸੁਰਗ, ਮਾਤਲੋਕ, ਪਾਤਾਲ ਲੋਕ-ਹਰ ਥਾਂ ਵੇਖ ਲਿਆ ਹੈ,
57977	1357	ਸਰਬਤ੍ਰ ਰਮਣੰ ਗੋਬਿੰਦਹ ਨਾਨਕ ਲੇਪ ਛੇਪ ਨ ਲਿਪ੍ਯਤੇ॥੩੬॥		Sarabathr Ramanan Gobindheh Naanak Laep Shhaep N Lipyathae ||36||	The Lord of the Universe is All-pervading everywhere. O Nanak, no blame or stain sticks to Him. ||36||	ਜੋ ਸਰਬ-ਵਿਆਪਕ ਹੈ ਪ੍ਰਿਥਵੀ ਦਾ ਪਾਲਕ ਹੈ; ਉਹ ਵਿਕਾਰਾਂ ਦੇ ਪੋਚੇ ਨਾਲ ਨਹੀਂ ਲਿੱਬੜਦਾ ॥੩੬॥
57978	1357	ਬਿਖਯਾ ਭਯੰਤਿ ਅੰਮ੍ਰਿਤੰ ਦ੍ਰੁਸਟਾਂ ਸਖਾ ਸ੍ਵਜਨਹ॥	ਬਿਖ-ਯਾ: ਯਾ ਤਾਲੂ ਤੋਂ ਬੋਲ।ਭ-ਯੰਤਿ।ਦ੍ਰੁਸਟਾਂ। (ਸ੍ਵਜਨਹ) ਸੁਅੱਜਨਹ	Bikhayaa Bhayanth Anmrithan Dhraasattaan Sakhaa Svajaneh ||	Poison is transformed into nectar, and enemies into friends and companions.	ਜ਼ਹਿਰ ਉਸ ਦੇ ਵਾਸਤੇ ਅੰਮ੍ਰਿਤ ਬਣ ਜਾਂਦਾ ਹੈ, ਦੋਖੀ ਉਸ ਦੇ ਮਿਤ੍ਰ ਤੇ ਕਰੀਬੀ ਰਿਸ਼ਤੇਦਾਰ ਬਣ ਜਾਂਦੇ ਹਨ,

57979	1357	ਦੁਖੰ ਭਯੰਤਿ ਸੁਖ੍ਯੰ ਭੈ ਭੀਤੰ ਤ ਨਿਰਭਯਹ॥	ਭ-ਯੰਤਿ:ਯੰ ਤਾਲੂ ਤੋਂ ਬੋਲ। (ਭ-ਯੰਤਿ) ਹੁੰਦਾ ਹੈ। ਸੁਖ੍ਯੰ: ਸੁਖਿਅੰ। ਪੋਲਾ ਬੋਲੋ, ਨਿਰ-ਭਯਹ। (ਦੂਜਾ ਪਾਠ: ਭੀਤੰਤ)	Dhukhan Bhayanth Sukhyan Bhai Bheethan Th Nirabhayeh ||	Pain is changed into pleasure, and the fearful become fearless.	ਦੁੱਖ-ਕਲੇਸ਼ ਸੁਖ ਬਣ ਜਾਂਦੇ ਹਨ, ਜੇ ਉਹ (ਪਹਿਲਾਂ) ਅਨੇਕਾਂ ਡਰਾਂ ਨਾਲ ਸਹਿਮਿਆ ਰਹਿੰਦਾ ਸੀ, ਤਾਂ ਨਿਡਰ ਹੋ ਜਾਂਦਾ ਹੈ,
57980	1357	ਥਾਨ ਬਿਹੂਨ ਬਿਸ੍ਰਾਮ ਨਾਮੰ ਨਾਨਕ ਕ੍ਰਿਪਾਲ ਹਰਿ ਹਰਿ ਗੁਰਹ॥੩੭॥		Thhaan Bihoon Bisraam Naaman Naanak Kirapaal Har Har Gureh ||37||	Those who have no home or place find their place of rest in the Naam, O Nanak, when the Guru, the Lord, becomes Merciful. ||37||	ਹੇ ਨਾਨਕ! (ਜਿਸ ਮਨੁੱਖ ਉਤੇ) ਪਰਮਾਤਮਾ-ਦਾ-ਰੂਪ ਸਤਿਗੁਰੂ ਕਿਰਪਾਲ ਹੋ ਪਏ। ਅਨੇਕਾਂ ਜੂਨਾਂ ਵਿਚ ਭਟਕਦੇ ਨੂੰ ਪਰਮਾਤਮਾ ਦਾ ਨਾਮ ਸਹਾਰਾ-ਆਸਰਾ ਮਿਲ ਜਾਂਦਾ ਹੈ ॥੩੭॥
57981	1357	ਸਰਬ ਸੀਲ ਮਮੰ ਸੀਲੰ ਸਰਬ ਪਾਂਵਨ ਮਮ ਪਾਂਵਨਹ॥		Sarab Seel Maman Seelan Sarab Paavan Mam Paavaneh ||	He blesses all with humility; He has blessed me with humility as well. He purifies all, and He has purified me as well.	ਜੋ ਪ੍ਰਭੂ ਸਭ ਜੀਵਾਂ ਨੂੰ ਸ਼ਾਂਤੀ ਸੁਭਾਉ ਦੇਣ ਵਾਲਾ ਹੈ ਮੈਨੂੰ ਭੀ ਉਹੀ ਸ਼ਾਂਤੀ ਦੇਂਦਾ ਹੈ; ਜੋ ਸਭ ਨੂੰ ਪਵਿਤ੍ਰ ਕਰਨ ਦੇ ਸਮਰਥ ਹੈ, ਮੇਰਾ ਭੀ ਉਹੀ ਪਵਿਤ੍ਰ-ਕਰਤਾ ਹੈ;
57982	1357	ਸਰਬ ਕਰਤਬ ਮਮੰ ਕਰਤਾ ਨਾਨਕ ਲੇਪ ਛੇਪ ਨ ਲਿਪ੍ਯਤੇ॥੩੮॥	ਕਰਤਬ: ਪੋਲਾ ਬੋਲੋ। ਲਿਪ੍ਯਤੇ: ਲਿਪਿਅਤੇ	Sarab Karathab Maman Karathaa Naanak Laep Shhaep N Lipyathae ||38||	The Creator of all is the Creator of me as well. O Nanak, no blame or stain sticks to Him. ||38||	ਜੋ ਪ੍ਰਭੂ ਸਭ ਜੀਵਾਂ ਨੂੰ ਰਚਨ ਦੇ ਸਮਰਥ ਹੈ, ਉਹੀ ਮੇਰਾ ਕਰਤਾ ਹੈ। ਹੇ ਨਾਨਕ! ਉਹ ਪ੍ਰਭੂ ਵਿਕਾਰਾਂ ਦੇ ਪੋਚੇ ਨਾਲ ਨਹੀਂ ਲਿਬੜਦਾ ॥੩੮॥

57983	1357	ਨਹ ਸੀਤਲੰ ਚੰਦ੍ਰ ਦੇਵਹ ਨਹ ਸੀਤਲੰ ਬਾਵਨ ਚੰਦਨਹ॥	(ਦੇਵਹ) ਪ੍ਰਕਾਸ਼ ਕਰਨ ਵਾਲੇ (ਚੰਦ੍ਰ) ਚੰਦ ਦੇਵਤਾ ਜੀ	Neh Seethalan Chandhr Dhaeveh Neh Seethalan Baavan Chandhaneh ||	The moon-god is not cool and calm, nor is the white sandalwood tree.	ਚੰਦ੍ਰਮਾ (ਉਤਨਾ) ਠੰਢ ਅਪੜਾਣ ਵਾਲਾ ਨਹੀਂ ਹੈ, ਨਾਹ ਹੀ ਚਿੱਟਾ ਚੰਦਨ (ਉਤਨੀ) ਠੰਢ ਅਪੜਾ ਸਕਦਾ ਹੈ,
57984	1357	ਨਹ ਸੀਤਲੰ ਸੀਤ ਰੁਤੇਣ ਨਾਨਕ ਸੀਤਲੰ ਸਾਧ ਸ੍ਵਜਨਹ॥੩੯॥	ਰੁੱਤੇਣ। ਸ੍ਵਜਨਹ: ਸੁਅੱਜਨਹ	Neh Seethalan Seeth Ruthaen Naanak Seethalan Saadhh Svajaneh ||39||	The winter season is not cool; O Nanak, only the Holy friends, the Saints, are cool and calm. ||39||	ਨਾਹ ਹੀ ਸਰਦੀਆਂ ਦੀ ਬਹਾਰ (ਉਤਨੀ) ਠੰਢ ਦੇ ਸਕਦੀ ਹੈ, ਹੇ ਨਾਨਕ! (ਜਿਤਨੀ) ਠੰਢ-ਸ਼ਾਂਤੀ ਗੁਰਮੁਖ ਸਾਧ ਜਨ ਦੇਂਦੇ ਹਨ ॥੩੯॥
57985	1357	ਮੰਤ੍ਰੰ ਰਾਮ ਰਾਮ ਨਾਮੰ ਧ੍ਯਾਨੰ ਸਰਬਤ੍ਰ ਪੂਰਨਹ॥	ਧ੍ਯਾਨ: ਧਿਆਨੰ	Manthran Raam Raam Naaman Dhhyaanan Sarabathr Pooraneh ||	Through the Mantra of the Name of the Lord, Raam, Raam, one meditates on the All-pervading Lord.	ਪਰਮਾਤਮਾ ਦਾ ਨਾਮ (ਜੀਭ ਨਾਲ) ਜਪਣਾ ਅਤੇ ਉਸ ਨੂੰ ਸਰਬ-ਵਿਆਪਕ ਜਾਣ ਕੇ ਉਸ ਵਿਚ ਸੁਰਤ ਜੋੜਨੀ;
57986	1357	ਗ੍ਯਾਨੰ ਸਮ ਦੁਖ ਸੁਖੰ ਜੁਗਤਿ ਨਿਰਮਲ ਨਿਰਵੈਰਣਹ॥	ਗ੍ਯਾਨ: ਗਿਆਨੰ	Gyaanan Sam Dhukh Sukhan Jugath Niramal Niravairaneh ||	Those who have the wisdom to look alike upon pleasure and pain, live the immaculate lifestyle, free of vengeance.	ਸੁਖਾਂ ਦੁਖਾਂ ਨੂੰ ਇਕੋ ਜਿਹਾ ਸਮਝਣਾ ਅਤੇ ਪਵਿਤ੍ਰ ਤੇ ਵੈਰ-ਰਹਿਤ ਜੀਵਨ ਜੀਊਣਾ;
57987	1357	ਦਯਾਲੰ ਸਰਬਤ੍ਰ ਜੀਆ ਪੰਚ ਦੋਖ ਬਿਵਰਜਿਤਹ॥	ਦਯਾ-ਲੰ: ਦੱਦਾ ਮੁਕਤਾ ਬੋਲ ਕੇ, ਯਾ ਤਾਲੂ ਤੋਂ ਬੋਲ। ਸਰ-ਬੱਤ੍ਰ। ਬਿ-ਵਰਜਿੱਤਹ	Dhayaalan Sarabathr Jeeaa Panch Dhokh Bivarajitheh ||	They are kind to all beings; they have overpowered the five thieves.	ਸਾਰੇ ਜੀਵਾਂ ਨਾਲ ਪਿਆਰ-ਹਮਦਰਦੀ ਰੱਖਣੀ ਅਤੇ ਕਾਮਾਦਿਕ ਪੰਜੇ ਵਿਕਾਰਾਂ ਤੋਂ ਬਚੇ ਰਹਿਣਾ;

57988	1357	ਭੋਜਨੰ ਗੋਪਾਲ ਕੀਰਤਨੰ ਅਲਪ ਮਾਯਾ ਜਲ ਕਮਲ ਰਹਤਹ॥	(ਅਲਪ) ਨਿਰਲੇਪ, (ਅਲਪ) ਤੁੱਛ। ਮਾ-ਯਾ: ਯਾ ਤਾਲੂ ਤੋਂ ਬੋਲ ਮਾ-ਯਾ। ਰਹ-ਤਹ	Bhojanan Gopaal Keerathanan Alap Maayaa Jal Kamal Rehatheh ||	They take the Kirtan of the Lord's Praise as their food; they remain untouched by Maya, like the lotus in the water.	ਪਰਮਾਤਮਾ ਦੀ ਸਿਫ਼ਤ-ਸਾਲਾਹ ਨੂੰ ਜ਼ਿੰਦਗੀ ਦਾ ਆਸਰਾ ਬਣਾਣਾ ਅਤੇ ਮਾਇਆ ਤੋਂ ਇਉਂ ਨਿਰਲੇਪ ਰਹਿਣਾ ਜਿਵੇਂ ਕਉਲ ਫੁੱਲ ਪਾਣੀ ਤੋਂ,
57989	1357	ਉਪਦੇਸੰ ਸਮ ਮਿਤ੍ਰ ਸਤ੍ਰਹ ਭਗਵੰਤ ਭਗਤਿ ਭਾਵਨੀ॥		Oupadhaesan Sam Mithr Sathreh Bhagavanth Bhagath Bhaavanee ||	They share the Teachings with friend and enemy alike; they love the devotional worship of God.	ਸੱਜਣ ਤੇ ਵੈਰੀ ਨਾਲ ਇਕੋ ਜਿਹਾ ਪ੍ਰੇਮ-ਭਾਵ ਰੱਖਣ ਦੀ ਸਿੱਖਿਆ ਗ੍ਰਹਿਣ ਕਰਨੀ ਅਤੇ ਪਰਮਾਤਮਾ ਦੀ ਭਗਤੀ ਵਿਚ ਪਿਆਰ ਬਣਾਣਾ;
57990	1357	ਪਰ ਨਿੰਦਾ ਨਹ ਸ੍ਰੋਤਿ ਸ੍ਰਵਣੰ ਆਪੁ ਤ੍ਯਾਗਿ ਸਗਲ ਰੇਣੁਕਹ॥	(ਸ੍ਰਵਣੰ) ਕੰਨਾਂ ਨਾਲ। ਤਿਆਗਿ	Par Nindhaa Neh Sroth Sravanan Aap Thiyaag Sagal Raenukeh ||	They do not listen to slander; renouncing self-conceit, they become the dust of all.	ਪਰਾਈ ਨਿੰਦਿਆ ਆਪਣੇ ਕੰਨਾਂ ਨਾਲ ਨਾਹ ਸੁਣਨੀ ਅਤੇ ਆਪਾ-ਭਾਵ ਤਿਆਗ ਕੇ ਸਭ ਦੇ ਚਰਨਾਂ ਦੀ ਧੂੜ ਬਣਨਾ;
57991	1357	ਖਟ ਲਖ੍ਯਣ ਪੂਰਨੰ ਪੁਰਖਹ ਨਾਨਕ ਨਾਮ ਸਾਧ ਸ੍ਵਜਨਹ॥੪੦॥	ਖਟ: ਪੋਲਾ ਬੋਲੋ। ਲਖ੍ਯਣ: ਲੱਖਿਅਣ। ਸ੍ਵਜਨਹ: ਸੁਅੱਜਨਹ	Khatt Lakhyan Pooranan Purakheh Naanak Naam Saadhh Svajaneh ||40||	Whoever has these six qualities, O Nanak, is called a Holy friend. ||40||	ਹੇ ਨਾਨਕ! ਪੂਰਨ ਪੁਰਖਾਂ ਵਿਚ ਇਹ ਛੇ ਲੱਛਣ ਹੁੰਦੇ ਹਨ, ਉਹਨਾਂ ਨੂੰ ਹੀ ਸਾਧ ਗੁਰਮੁਖਿ ਆਖੀਦਾ ਹੈ ॥੪੦॥
57992	1357	ਅਜਾ ਭੋਗੰਤ ਕੰਦ ਮੂਲੰ ਬਸੰਤੇ ਸਮੀਪਿ ਕੇਹਰਹ॥	(ਅਜਾ) ਬੱਕਰੀ (ਕੰਦ) ਫ਼ਲ। (ਮੂਲੰ) ਜੜੀ ਬੂਟੀਆਂ	Ajaa Bhoganth Kandh Moolan Basanthae Sameep Kaehareh ||	The goat enjoys eating fruits and roots, but if it lives near a tiger, it is always anxious.	ਬੱਕਰੀ ਗਾਜਰ-ਮੂਲੀ ਆਦਿਕ ਖਾਂਦੀ ਹੋਵੇ, ਪਰ ਸ਼ੇਰ ਦੇ ਨੇੜੇ ਵੱਸਦੀ ਹੋਵੇ,

57993	1357	ਤਤ੍ਰਗਤੇ ਸੰਸਾਰਹ ਨਾਨਕ ਸੋਗ ਹਰਖੰ ਬਿਆਪਤੇ॥੪੧॥	(ਤੱਤ੍ਰ-ਗਤੇ) ਤੈਸੇ ਸੰਸਾਰ ਦੀ ਰੀਤੀ ਹੈ	Thathr Gathae Sansaareh Naanak Sog Harakhan Biaapathae ||41||	This is the condition of the world, O Nanak; it is afflicted by pleasure and pain. ||41||	(ਉਸ ਨੂੰ ਮਨ ਭਾਉਂਦਾ ਖਾਣਾ ਮਿਲਣ ਦੀ ਪ੍ਰਸੰਨਤਾ ਤਾਂ ਜ਼ਰੂਰ ਹੈ ਪਰ ਹਰ ਵੇਲੇ ਸ਼ੇਰ ਤੋਂ ਡਰ ਭੀ ਟਿਕਿਆ ਰਹਿੰਦਾ ਹੈ); ਹੇ ਨਾਨਕ! ਇਹੀ ਹਾਲ ਹੈ ਜਗਤ ਦਾ, ਇਸ ਨੂੰ ਖ਼ੁਸ਼ੀ ਤੇ ਗ਼ਮੀ ਦੋਵੇਂ ਹੀ ਵਿਆਪਦੇ ਰਹਿੰਦੇ ਹਨ ॥੪੧॥
57994	1357	ਛਲੰ ਛਿਦ੍ਰੰ ਕੋਟਿ ਬਿਘਨੰ ਅਪਰਾਧੰ ਕਿਲਬਿਖ ਮਲੰ॥		Shhalan Shhidhran Kott Bighanan Aparaadhhan Kilabikh Malan ||	Fraud, false accusations, millions of diseases, sins and the filthy residues of evil mistakes;	(ਦੂਜਿਆਂ ਨੂੰ) ਧੋਖਾ (ਦੇਣਾ), (ਕਿਸੇ ਦੇ) ਐਬ (ਫਰੋਲਣੇ), (ਹੋਰਨਾਂ ਦੇ ਰਸਤੇ ਵਿਚ) ਕ੍ਰੋੜਾਂ ਰੁਕਾਵਟਾਂ (ਪਾਈਆਂ), ਵਿਕਾਰ, ਪਾਪ,
57995	1357	ਭਰਮ ਮੋਹੰ ਮਾਨ ਅਪਮਾਨੰ ਮਦੰ ਮਾਯਾ ਬਿਆਪਿਤੰ॥	ਬੋਲਮਾ-ਯਾ: ਯਾ ਤਾਲੂ ਤੋਂ	Bharam Mohan Maan Apamaanan Madhan Maayaa Biaapithan ||	Doubt, emotional attachment, pride, dishonor and intoxication with Maya	ਭਟਕਣਾ, ਮੋਹ, ਆਦਰ, ਨਿਰਾਦਰੀ, ਅਹੰਕਾਰ-(ਜਿਨ੍ਹਾਂ ਲੋਕਾਂ ਨੂੰ ਇਹਨਾਂ ਤਰੀਕਿਆਂ ਨਾਲ) ਮਾਇਆ ਆਪਣੇ ਦਬਾਉ ਹੇਠ ਰੱਖਦੀ ਹੈ,
57996	1357	ਮ੍ਰਿਤ੍ਰੂ ਜਨਮ ਭ੍ਰਮੰਤਿ ਨਰਕਹ ਅਨਿਕ ਉਪਾਵੰ ਨ ਸਿਧ੍ਯਤੇ॥	ਅੱਖਰ ਹੇਠਾਂ ੍ ਅੱਧੇ ਯ ਨੂੰ ਔਂਕੜ ਹੋਵੇ ਤਾਂ ਉ ਬੋਲੋ। ਮ੍ਰਿਤ੍ਰੂ: ਮ੍ਰਿਤਉ। ਮ੍ਰਿਤ੍ਰੂ(ਮੌਤ)। ਸਿਧ੍ਯਤੇ: ਸਿੱਧਿਅਤੇ	Mrithya Janam Bhramanth Narakeh Anik Oupaavan N Sidhhyathae ||	These lead mortals to death and rebirth, wandering lost in hell. In spite of all sorts of efforts, salvation is not found.	ਉਹ ਜਨਮ ਮਰਨ ਵਿਚ ਭਟਕਦੇ ਰਹਿੰਦੇ ਹਨ, ਨਰਕ ਭੋਗਦੇ ਰਹਿੰਦੇ ਹਨ। ਅਨੇਕਾਂ ਉਪਾਵ ਕਰਨ ਨਾਲ ਭੀ (ਇਹਨਾਂ ਦੁੱਖਾਂ ਤੋਂ ਨਿਕਲਣ ਵਿਚ ਕਾਮਯਾਬ ਨਹੀਂ ਹੁੰਦੇ।

57997	1357	ਨਿਰਮਲੰ ਸਾਧਸੰਗਹ ਜਪੰਤਿ ਨਾਨਕ ਗੋਪਾਲ ਨਾਮੰ॥		Niramalan Saadhh Sangeh Japanth Naanak Gopaal Naaman ||	Chanting and meditating on the Name of the Lord in the Saadh Sangat, the Company of the Holy, O Nanak, mortals become immaculate and pure.	ਹੇ ਨਾਨਕ! ਜੋ ਮਨੁੱਖ ਸਦਾ ਸਾਧ ਸੰਗਤ ਵਿਚ ਰਹਿ ਕੇ ਪਰਮਾਤਮਾ ਦਾ ਨਾਮ ਜਪਦੇ ਹਨ,
57998	1357	ਰਮੰਤਿ ਗੁਣ ਗੋਬਿੰਦ ਨਿਤਪ੍ਰਤਹ॥੪੨॥	ਰਮੰਤਿ।ਨਿਤ-ਪ੍ਰਤਹ	Ramanth Gun Gobindh Nith Pratheh ||42||	They continually dwell upon the Glorious Praises of God. ||42||	ਸਦਾ ਗੋਬਿੰਦ ਦੇ ਗੁਣ ਗਾਂਦੇ ਹਨ, ਉਹ ਪਵਿਤ੍ਰ (-ਜੀਵਨ) ਹੋ ਜਾਂਦੇ ਹਨ ॥੪੨॥
57999	1357	ਤਰਣ ਸਰਣ ਸੁਆਮੀ ਰਮਣ ਸੀਲ ਪਰਮੇਸੁਰਹ॥		Tharan Saran Suaamee Raman Seel Paramaesureh ||	In the Sanctuary of the Kind-hearted Lord, our Transcendent Lord and Master, we are carried across.	ਪਰਮਾਤਮਾ ਸਭ ਕੌਤਕ ਰਚਨਹਾਰ ਹੈ, ਸਭ ਦਾ ਮਾਲਕ ਹੈ, ਉਸ ਦੀ ਸਰਨ (ਜੀਵਾਂ ਲਈ, ਮਾਨੋ) ਜਹਾਜ਼ ਹੈ।
58000	1357	ਕਰਣ ਕਾਰਣ ਸਮਰਥਹ ਦਾਨੁ ਦੇਤ ਪ੍ਰਭੁ ਪੂਰਨਹ॥	ਸਮਰੱਥਹ	Karan Kaaran Samarathheh Dhaan Dhaeth Prabh Pooraneh ||	God is the Perfect, All-powerful Cause of causes; He is the Giver of gifts.	ਪੂਰਨ ਪ੍ਰਭੂ ਜੀਵਾਂ ਨੂੰ ਦਾਤਾਂ ਦੇਂਦਾ ਹੈ, ਉਹ ਜਗਤ ਦਾ ਮੂਲ ਹੈ, ਸਭ ਕੁਝ ਕਰਨ-ਜੋਗਾ ਹੈ।
58001	1357	ਨਿਰਾਸ ਆਸ ਕਰਣੰ ਸਗਲ ਅਰਥ ਆਲਯਹ॥	(ਅਰਥ) ਪਦਾਰਥ ।ਆਲ-ਯਹ: ਯ ਤਾਲੂ ਤੋਂ ਬੋਲੋ। (ਆਲਯਹ) ਘਰ	Niraas Aas Karanan Sagal Arathh Aalayeh ||	He gives hope to the hopeless. He is the Source of all riches.	ਪ੍ਰਭੂ ਨਿਰਾਸਿਆਂ ਦੀਆਂ ਆਸਾਂ ਪੂਰੀਆਂ ਕਰਨ ਵਾਲਾ ਹੈ, ਸਾਰੇ ਪਦਾਰਥਾਂ ਦਾ ਘਰ ਹੈ।

58002	1357	ਗੁਣ ਨਿਧਾਨ ਸਿਮਰੰਤਿ ਨਾਨਕ ਸਗਲ ਜਾਚੰਤ ਜਾਚਿਕਹ॥੪੩॥	ਜਾਚਿ-ਕਹ	Gun Nidhhaan Simaranth Naanak Sagal Jaachanth Jaachikeh ||43||	Nanak meditates in remembrance on the Treasure of Virtue; we are all beggars, begging at His Door. ||43||	ਹੇ ਨਾਨਕ! ਸਾਰੇ (ਜੀਵ) ਮੰਗਤੇ (ਬਣ ਕੇ ਉਸ ਦੇ ਦਰ ਤੋਂ) ਮੰਗਦੇ ਹਨ, ਤੇ ਸਭ ਗੁਣਾਂ ਦੇ ਖ਼ਜ਼ਾਨੇ ਪ੍ਰਭੂ ਨੂੰ ਸਿਮਰਦੇ ਹਨ ॥੪੩॥
58003	1357	ਦੁਰਗਮ ਸਥਾਨ ਸੁਗਮੰ ਮਹਾ ਦੂਖ ਸਰਬ ਸੂਖਣਹ॥	ਦੁਰ-ਗਮ। ਸੁਗ-ਮੰ।	Dhuragam Sathhaan Sugaman Mehaa Dhookh Sarab Sookhaneh ||	The most difficult place becomes easy, and the worst pain turns into pleasure.	ਔਖੀ ਪਹੁੰਚ ਵਾਲੇ ਥਾਂ ਸੌਖੀ ਪਹੁੰਚ ਵਾਲੇ ਹੋ ਜਾਂਦੇ ਹਨ, ਵੱਡੇ ਵੱਡੇ ਦੁੱਖ ਸਾਰੇ ਹੀ ਸੁਖ ਬਣ ਜਾਂਦੇ ਹਨ।
58004	1357	ਦੁਰ ਬਚਨ ਭੇਦ ਭਰਮੰ ਸਾਕਤ ਪਿਸਨੰਤ ਸੁਰਜਨਹ॥	(ਦੁਰ) ਖੋਟੇ ਚਿੱਚੜ, (ਪਿਸਨੰਤ) ਚੁਗਲ	Dhurabachan Bhaedh Bharaman Saakath Pisanan Th Surajaneh ||	Evil words, differences and doubts are obliterated, and even faithless cynics and malicious gossips become good people.	ਜਿਹੜੇ ਬੰਦੇ ਜੀਵਨ ਦੇ ਗ਼ਲਤ ਰਸਤੇ ਪੈ ਕੇ ਖਰ੍ਹਵੇ ਬਚਨਾਂ ਨਾਲ (ਹੋਰਨਾਂ ਦੇ ਮਨ) ਵਿੰਨ੍ਹਦੇ ਰਹਿੰਦੇ ਸਨ ਉਹ ਮਾਇਆ-ਵੇੜ੍ਹੇ ਚੁਗ਼ਲ ਬੰਦੇ ਨੇਕ ਬਣ ਜਾਂਦੇ ਹਨ।
58005	1357	ਅਸਿਥਤੰ ਸੋਗ ਹਰਖੰ ਭੈ ਖੀਣੰਤ ਨਿਰਭਵਹ॥	ਅਸਿਥੱਤੰ	Asathhithan Sog Harakhan Bhai Kheenan Th Nirabhaveh ||	They become steady and stable, whether happy or sad; their fears are taken away, and they are fearless.	ਚਿੰਤਾ ਖ਼ੁਸ਼ੀ ਵਿਚ ਜਾ ਟਿਕਦੀ ਹੈ। (ਬਦਲ ਕੇ ਖ਼ੁਸ਼ੀ ਬਣ ਜਾਂਦੀ ਹੈ)। ਡਰਾਂ ਨਾਲ ਸਹਿਮਿਆ ਹੋਇਆ ਬੰਦਾ ਨਿਡਰ ਹੋ ਜਾਂਦਾ ਹੈ।

58006	1358	ਭੈ ਅਟਵੀਅੰ ਮਹਾ ਨਗਰ ਬਾਸੰ ਧਰਮ ਲਖ੍ਯਣ ਪ੍ਰਭ ਮਇਆ॥	(ਅਟਵੀਅੰ) ਉਜਾੜ। ਲਖ੍ਯਣ: ਲੱਖਿਅਣ	Bhai Attaveean Mehaa Nagar Baasan Dhharam Lakhyan Prabh Maeiaa ||	The dreadful woods become a well-populated city; such are the merits of the righteous life of Dharma, given by God's Grace.	ਡਰਾਉਣਾ ਜੰਗਲ ਤਕੜਾ ਵੱਸਦਾ ਸ਼ਹਿਰ ਜਾਪਣ ਲੱਗ ਪੈਂਦਾ ਹੈ-ਇਹ ਹਨ ਧਰਮ ਦੇ ਲੱਛਣ ਜੋ ਪ੍ਰਭੂ ਦੀ ਮੇਹਰ ਨਾਲ ਪ੍ਰਾਪਤ ਹੁੰਦੇ ਹਨ।
58007	1358	ਸਾਧਸੰਗਮ ਰਾਮ ਰਾਮ ਰਮਣੰ ਸਰਣਿ ਨਾਨਕ ਹਰਿ ਹਰਿ ਦਯਾਲ ਚਰਣੰ॥੪੪॥	ਦ-ਯਾਲ: ਦ ਮੁਕਤਾ, ਯਾ ਤਾਲੂ ਤੋਂ ਬੋਲੋ	Saadhh Sangam Raam Raam Ramanan Saran Naanak Har Har Dhayaal Charanan ||44||	Chanting the Lord's Name in the Saadh Sangat, the Company of the Holy, O Nanak, the Lotus Feet of the Merciful Lord are found. ||44||	ਹੇ ਨਾਨਕ! (ਉਹ ਧਰਮ ਹੈ-) ਸਾਧ ਸੰਗਤ ਵਿਚ ਜਾ ਕੇ ਪਰਮਾਤਮਾ ਦਾ ਨਾਮ ਸਿਮਰਨਾ ਤੇ ਦਿਆਲ ਪ੍ਰਭੂ ਦੇ ਚਰਨਾਂ ਦਾ ਆਸਰਾ ਲੈਣਾ ॥੪੪॥
58008	1358	ਹੇ ਅਜਿਤ ਸੂਰ ਸੰਗ੍ਰਾਮੰ ਅਤਿ ਬਲਨਾ ਬਹੁ ਮਰਦਨਹ॥	ਅ-ਜਿੱਤ	Hae Ajith Soor Sangraaman Ath Balanaa Bahu Maradhaneh ||	O emotional attachment, you are the invincible warrior of the battlefield of life; you totally crush and destroy even the most powerful.	ਹੇ ਨਾਹ ਜਿੱਤੇ ਜਾਣ ਵਾਲੇ (ਮੋਹ)! ਤੂੰ ਜੁੱਧ ਦਾ ਸੂਰਮਾ ਹੈਂ, ਤੂੰ ਅਨੇਕਾਂ ਮਹਾਂ ਬਲੀਆਂ ਨੂੰ ਮਲ ਦੇਣ ਵਾਲਾ ਹੈਂ।
58009	1358	ਗਣ ਗੰਧਰਬ ਦੇਵ ਮਾਨੁਖ੍ਯੰ ਪਸੁ ਪੰਖੀ ਬਿਮੋਹਨਹ॥	ਗੰ-ਧਰਬ। ਮਾਨੁਖ੍ਯੰ: ਮਾਨੁੱਖਿਅੰ। ਬਿ-ਮੋਹਨਹ	Gan Gandhharab Dhaev Maanukhyan Pas Pankhee Bimohaneh ||	You entice and fascinate even the heavenly heralds, celestial singers, gods, mortals, beasts and birds.	ਗਣ ਗੰਧਰਬ ਦੇਵਤੇ ਮਨੁੱਖ ਪਸ਼ੂ ਪੰਛੀ-ਇਹਨਾਂ ਸਭਨਾਂ ਨੂੰ ਤੂੰ ਮੋਹ ਲੈਂਦਾ ਹੈਂ।

58010	1358	ਹਰਿ ਕਰਣਹਾਰੰ ਨਮਸਕਾਰੰ ਸਰਣਿ ਨਾਨਕ ਜਗਦੀਸ੍ਵਰਹ॥੪੫॥	ਜਗਦੀਸ੍ਵਰਹ:ਜੱਗਦੀਸੁਅਰਹ	Har Karanehaaran Namasakaaran Saran Naanak Jagadheesvareh ||45||	Nanak bows in humble surrender to the Lord; he seeks the Sanctuary of the Lord of the Universe. ||45||	(ਪਰ ਇਸ ਦੀ ਮਾਰ ਤੋਂ ਬਚਣ ਲਈ) ਹੇ ਨਾਨਕ! ਜਗਤ ਦੇ ਮਾਲਕ ਪ੍ਰਭੂ ਦੀ ਸਰਨ ਲੈ ਅਤੇ ਜਗਤ ਦੇ ਰਚਣਹਾਰ ਹਰੀ ਨੂੰ ਨਮਸਕਾਰ ਕਰ ॥੪੫॥
58011	1358	ਹੇ ਕਾਮੰ ਨਰਕ ਬਿਸ੍ਰਾਮੰ ਬਹੁ ਜੋਨੀ ਭ੍ਰਮਾਵਣਹ॥		Hae Kaaman Narak Bisraaman Bahu Jonee Bhramaavaneh ||	O sexual desire, you lead the mortals to hell; you make them wander in reincarnation through countless species.	ਹੇ ਕਾਮ! ਤੂੰ (ਜੀਵਾਂ ਨੂੰ ਆਪਣੇ ਵੱਸ ਵਿਚ ਕਰ ਕੇ) ਨਰਕ ਵਿਚ ਅਪੜਾਣ ਵਾਲਾ ਹੈਂ ਅਤੇ ਕਈ ਜੂਨਾਂ ਵਿਚ ਭਟਕਾਣ ਵਾਲਾ ਹੈਂ।
58012	1358	ਚਿਤ ਹਰਣੰ ਤ੍ਰੈ ਲੋਕ ਗੰਮ੍ਯੰ ਜਪ ਤਪ ਸੀਲ ਬਿਦਾਰਣਹ॥	ਗੰਮ੍ਯੰ:ਗੰਮਿਅੰ	Chith Haranan Thrai Lok Ganmyan Jap Thap Seel Bidhaaraneh ||	You cheat the consciousness, and pervade the three worlds. You destroy meditation, penance and virtue.	ਤੂੰ ਜੀਵਾਂ ਦੇ ਮਨ ਭਰਮਾ ਲੈਂਦਾ ਹੈਂ, ਤਿੰਨਾਂ ਹੀ ਲੋਕਾਂ ਵਿਚ ਤੇਰੀ ਪਹੁੰਚ ਹੈ, ਤੂੰ ਜੀਵਾਂ ਦੇ ਜਪ ਤਪ ਤੇ ਸੁੱਧ ਆਚਰਨ ਨਾਸ ਕਰ ਦੇਂਦਾ ਹੈਂ।
58013	1358	ਅਲਪ ਸੁਖ ਅਵਿਤ ਚੰਚਲ ਊਚ ਨੀਚ ਸਮਾਵਣਹ॥	ਅ-ਵਿਤ	Alap Sukh Avith Chanchal Ooch Neech Samaavaneh ||	But you give only shallow pleasure, while you make the mortals weak and unsteady; you pervade the high and the low.	ਹੇ ਚੰਚਲ ਕਾਮ! ਤੂੰ ਸੁਖ ਤਾਂ ਥੋੜਾ ਹੀ ਦੇਂਦਾ ਹੈਂ, ਪਰ ਇਸੇ ਨਾਲ ਤੂੰ ਜੀਵਾਂ ਨੂੰ (ਸੁੱਧ ਆਚਰਨ ਦੇ) ਧਨ ਤੋਂ ਸੱਖਣਾ ਕਰ ਦੇਂਦਾ ਹੈਂ।

58014	1358	ਤਵ ਭੈ ਬਿਮੁੰਚਿਤ ਸਾਧਸੰਗਮ ਓਟ ਨਾਨਕ ਨਾਰਾਇਣਹ॥੪੬॥	(ਬਿ-ਮੁੰਚਿੱਤ) ਤਿਆਗਣਾ ਕੀਤਾ ਹੈ। (ਸਾਧਸੰਗਮ) ਸੰਗਤ ਜੀ ਚ ਮਿਲ ਕੇ	Thav Bhai Bimunchith Saadhh Sangam Outt Naanak Naaraaeineh ||46||	Your fear is dispelled in the Saadh Sangat, the Company of the Holy, O Nanak, through the Protection and Support of the Lord. ||46||	ਜੀਵ ਉੱਚੇ ਹੋਣ, ਨੀਵੇਂ ਹੋਣ, ਸਭਨਾਂ ਵਿਚ ਤੂੰ ਪਹੁੰਚ ਜਾਂਦਾ ਹੈਂ। ਸਾਧ ਸੰਗਤ ਵਿਚ ਪਹੁੰਚਿਆਂ ਤੇਰੇ ਡਰ ਤੋਂ ਖ਼ਲਾਸੀ ਮਿਲਦੀ ਹੈ। ਹੇ ਨਾਨਕ! (ਸਾਧ ਸੰਗ ਵਿਚ ਜਾ ਕੇ) ਪ੍ਰਭੂ ਦੀ ਸਰਨ ਲੈ ॥੪੬॥
58015	1358	ਹੇ ਕਲਿ ਮੂਲ ਕ੍ਰੋਧੰ ਕਦੰਚ ਕਰੁਣਾ ਨ ਉਪਰਜਤੇ॥	(ਕਲਿ) ਲੜਾਈ (ਮੂਲ) ਮੁੱਢ (ਕ-ਦੰਚ) ਕਦੇ ਭੀ। (ਕਰੁਣਾ) ਕ੍ਰਿਪਾ (ਨ) ਨਹੀਂ (ਉ-ਪਰਜਤੇ) ਪੈਦਾ ਹੋਣ ਦਿੰਦੇ	Hae Kal Mool Krodhhan Kadhanch Karunaa N Ouparajathae ||	O anger, you are the root of conflict; compassion never rises up in you.	ਹੇ ਝਗੜੇ ਦੇ ਮੁੱਢ ਕ੍ਰੋਧ! (ਤੇਰੇ ਅੰਦਰ) ਕਦੇ ਦਇਆ ਨਹੀਂ ਉਪਜਦੀ।
58016	1358	ਬਿਖਯੰਤ ਜੀਵੰ ਵਸ੍ਯੰ ਕਰੋਤਿ ਨਿਰਤ੍ਯੰ ਕਰੋਤਿ ਜਥਾ ਮਰਕਟਹ॥	ਯੰ ਤਾਲੂ ਤੋਂ ਬੋਲ, (ਬਿਖ-ਯੰਤ) ਵਿਸ਼ਈ ਜੀਵਾਂ ਨੂੰ (ਵਸ੍ਯੰ) ਵੱਸ ਕਰਦਾ ਹੈਂ। (ਮਰਕ-ਟਹ) ਬਾਂਦਰ। ਨਿਰਤ੍ਯੰ: ਨਿਰਤਿਅੰ। ਜਥਾ: ਪੋਲਾ ਬੋਲੋ। ਵਸ੍ਯੰ:ਵੱਸਿਅੰ	Bikhayanth Jeevan Vasyan Karoth Nirathyan Karoth Jathhaa Marakatteh ||	You take the corrupt, sinful beings in your power, and make them dance like monkeys.	ਤੂੰ ਵਿਸ਼ਈ ਜੀਵਾਂ ਨੂੰ ਆਪਣੇ ਵੱਸ ਵਿਚ ਕਰ ਲੈਂਦਾ ਹੈਂ। ਤੇਰੇ ਵੱਸ ਵਿਚ ਆਇਆ ਜੀਵ ਇਉਂ ਨੱਚਦਾ ਹੈ ਜਿਵੇਂ ਬਾਂਦਰ।
58017	1358	ਅਨਿਕ ਸਾਸਨ ਤਾੜੰਤਿ ਜਮਦੂਤਹ ਤਵ ਸੰਗੇ ਅਧਮੰ ਨਰਹ॥	(ਸਾਸਨ) ਸਜ਼ਾਵਾਂ	Anik Saasan Thaarranth Jamadhootheh Thav Sangae Adhhaman Nareh ||	Associating with you, mortals are debased and punished by the Messenger of Death in so many ways.	ਤੇਰੀ ਸੰਗਤ ਵਿਚ ਜੀਵ ਨੀਚ (ਸੁਭਾਵ ਵਾਲੇ) ਬਣ ਜਾਂਦੇ ਹਨ। ਜਮਦੂਤ ਉਹਨਾਂ ਨੂੰ ਅਨੇਕਾਂ ਹੁਕਮ ਤੇ ਦੰਡ ਦੇਂਦੇ ਹਨ।

58018	1358	ਦੀਨ ਦੁਖ ਭੰਜਨ ਦਯਾਲ ਪ੍ਰਭੁ ਨਾਨਕ ਸਰਬ ਜੀਅ ਰਖ੍ਯਾ ਕਰੋਤਿ॥੪੭॥	ਦ-ਯਾਲ: ਦ ਮੁਕਤਾ, ਯਾ ਤਾਲੂ ਬੋਲੋ। ਰੱਖਿਆ	Dheen Dhukh Bhanjan Dhayaal Prabh Naanak Sarab Jeea Rakhyaa Karoth ||47||	O Destroyer of the pains of the poor, O Merciful God, Nanak prays for You to protect all begins from such anger. ||47||	ਹੇ ਨਾਨਕ! ਦੀਨਾਂ ਦੇ ਦੁੱਖ ਦੂਰ ਕਰਨ ਵਾਲਾ ਦਿਆਲ ਪ੍ਰਭੂ ਹੀ (ਇਸ ਕ੍ਰੋਧ ਤੋਂ) ਸਭ ਜੀਵਾਂ ਦੀ ਰੱਖਿਆ ਕਰਦਾ ਹੈ (ਹੋਰ ਕੋਈ ਨਹੀਂ ਕਰ ਸਕਦਾ) ॥੪੭॥
58019	1358	ਹੇ ਲੋਭਾ ਲੰਪਟ ਸੰਗ ਸਿਰਮੋਰਹ ਅਨਿਕ ਲਹਰੀ ਕਲੋਲਤੇ॥		Hae Lobhaa Lanpatt Sang Siramoreh Anik Leharee Kalolathae ||	O greed, you cling to even the great, assaulting them with countless waves.	ਹੇ ਲੋਭ! ਮੁਖੀ ਬੰਦੇ (ਭੀ) ਤੇਰੀ ਸੰਗਤ ਵਿਚ (ਰਹਿ ਕੇ ਵਿਕਾਰਾਂ ਵਿਚ) ਡੁੱਬ ਜਾਂਦੇ ਹਨ, ਤੇਰੀਆਂ ਲਹਿਰਾਂ ਵਿਚ (ਫਸ ਕੇ) ਅਨੇਕਾਂ ਕਲੋਲ ਕਰਦੇ ਹਨ।
58020	1358	ਧਾਵੰਤ ਜੀਆ ਬਹੁ ਪ੍ਰਕਾਰੰ ਅਨਿਕ ਭਾਂਤਿ ਬਹੁ ਡੋਲਤੇ॥		Dhhaavanth Jeeaa Bahu Prakaaran Anik Bhaanth Bahu Ddolathae ||	You cause them to run around wildly in all directions, wobbling and wavering unsteadily.	ਤੇਰੇ ਵੱਸ ਵਿਚ ਆਏ ਹੋਏ ਜੀਵ ਕਈ ਤਰ੍ਹਾਂ ਭਟਕਦੇ ਫਿਰਦੇ ਹਨ, ਅਨੇਕਾਂ ਤਰੀਕਿਆਂ ਨਾਲ ਡੋਲਦੇ ਹਨ।
58021	1358	ਨਚ ਮਿਤ੍ਰੰ ਨਚ ਇਸਟੰ ਨਚ ਬਾਧਵ ਨਚ ਮਾਤ ਪਿਤਾ ਤਵ ਲਜਯਾ॥	(ਇਸਟੰ) ਪਿਆਰੇ ਨਚ ਨਹੀਂ।ਬਾਂਧਵ। ਲੱਜ-ਯਾ:ਯਾ ਤਾਲੂ ਤੋਂ ਬੋਲੋ।ਨਚ: ਪੋਲਾ ਬੋਲੋ	Nach Mithran Nach Eisattan Nach Baadhhav Nach Maath Pithaa Thav Lajayaa ||	You have no respect for friends, ideals, relations, mother or father.	ਤੇਰੇ ਅਸਰ ਹੇਠ ਰਹਿਣ ਕਰਕੇ ਉਹਨਾਂ ਨੂੰ ਨਾਹ ਕਿਸੇ ਮਿਤ੍ਰ ਦੀ, ਨਾਹ ਗੁਰੂ-ਪੀਰ ਦੀ, ਨਾਹ ਸਨਬੰਧੀਆਂ ਦੀ, ਅਤੇ ਨਾ ਹੀ ਮਾਂ ਪਿਉ ਦੀ ਕੋਈ ਸ਼ਰਮ ਰਹਿੰਦੀ ਹੈ।

58022	1358	ਅਕਰਣੰ ਕਰੋਤਿ ਅਖਾਦ੍ਹਿ ਖਾਦ੍ਹੰ ਅਸਾਜ੍ਹੰ ਸਾਜਿ ਸਮਜਯਾ॥	(ਅ-ਕਰਣੰ) ਨਾ ਕਰਨ ਵਾਲੇ ਜ਼ੁਲਮ ਮੰਦ ਕਰਮ (ਕਰੋਤਿ) ਕਰਦਾ ਹੈਂ। ਨਾ ਸਾਜਣ ਵਾਲੇ ਸਾਜੋ ਸਮਾਨ (ਸਾਜਿ) ਸਜਾਉਂਦਾ ਹੈਂ। ਲੋਭ ਆਪਣੇ ਪ੍ਰਭਾਵ ਨਾਲ ਅਯੋਗ ਕੰਮ ਲੁਕ ਕੇ ਤਾਂ ਇੱਕ ਪਾਸੇ ਰਿਹਾ, ਸਭਾ ਚ ਭੀ ਕਰਾ ਦਿੰਦਾ ਹੈ ਭਾਵ ਲੋਕ ਲਾਜ ਭੀ ਜਾਂਦੀ ਰਹਿੰਦੀ ਹੈ।ਸਮਜਯਾ:ਯਾ ਤਾਲੂ ਤੋਂ ਬੋਲ। (ਸਮਜਯਾ) ਭਲੀ ਪ੍ਰਕਾਰ ਅਜਿੱਤ ਹੈਂ। ਅਖਾਦ੍ਹਿ: ਅਖਾਦਿਅ। ਖਾਦ੍ਹੰ: ਖਾਦਿਅੰ।ਅਸਾਜ੍ਹੰ: ਅਸਾਜਿਅੰ। ਸਮਜਯਾ: ਸਮੱਜਿਆ	Akaranan Karoth Akhaadhiy Khaadhyan Asaajyan Saaj Samajayaa ||	You make them do what they should not do. You make them eat what they should not eat. You make them accomplish what they should not accomplish.	ਤੇਰੇ ਪ੍ਰਭਾਵ ਨਾਲ ਜੀਵ ਖੁਲ੍ਹੇ ਤੌਰ ਤੇ ਸਮਾਜ ਵਿਚ ਉਹ ਕੰਮ ਕਰਦਾ ਹੈ ਜੋ ਨਹੀਂ ਕਰਨੇ ਚਾਹੀਦੇ, ਉਹ ਚੀਜ਼ਾਂ ਖਾਂਦਾ ਹੈ ਜੋ ਨਹੀਂ ਖਾਣੀਆਂ ਚਾਹੀਦੀਆਂ, ਉਹ ਗੱਲਾਂ ਸ਼ੁਰੂ ਕਰ ਦੇਂਦਾ ਹੈ ਜੋ ਨਹੀਂ ਕਰਨੀਆਂ ਚਾਹੀਦੀਆਂ।
58023	1358	ਤ੍ਰਾਹਿ ਤ੍ਰਾਹਿ ਸਰਣਿ ਸੁਆਮੀ ਬਿਗ੍ਹਾਪ੍ਹਿ ਨਾਨਕ ਹਰਿ ਨਰਹਰਹ॥੪੮॥	ਤ੍ਰਾਹਿ ਰੱਖਿਆ ਕਰੋ।(ਬਿਗ੍ਹਾਪ੍ਹਿ) ਪ੍ਰੇਮ ਬੇਨਤੀ। ਬਿਗਿਆਪ੍ਹਿ: ਤ ਅੱਧਾ ਜਾਣ ਕ ਪੋਲਾ ਬੋਲੋ	Thraahi Thraahi Saran Suaamee Bigyaapio Naanak Har Narehareh ||48||	Save me, save me - I have come to Your Sanctuary, O my Lord and Master; Nanak prays to the Lord. ||48||	ਹੇ ਨਾਨਕ! (ਲੋਭ ਤੋਂ ਬਚਣ ਲਈ) ਇਉਂ ਅਰਦਾਸ ਕਰ-ਹੇ ਪ੍ਰਭੂ! ਹੇ ਸੁਆਮੀ! ਮੈਂ ਤੇਰੀ ਸਰਨ ਆਇਆ ਹਾਂ, ਮੈਨੂੰ ਇਸ ਤੋਂ ਬਚਾ ਲੈ, ਬਚਾ ਲੈ ॥੪੮॥

58024	1358	ਹੇ ਜਨਮ ਮਰਣ ਮੂਲੰ ਅਹੰਕਾਰੰ ਪਾਪਾਤਮਾ॥		Hae Janam Maran Moolan Ahankaaran Paapaathamaa ||	O egotism, you are the root of birth and death and the cycle of reincarnation; you are the very soul of sin.	ਹੇ ਪਾਪੀ ਅਹੰਕਾਰ! ਤੂੰ ਜੀਵਾਂ ਦੇ ਜਨਮ ਮਰਨ ਦਾ ਕਾਰਨ ਹੈਂ।
58025	1358	ਮਿਤ੍ਰੰ ਤਜੰਤਿ ਸਤ੍ਰੰ ਦ੍ਰਿੜੰਤਿ ਅਨਿਕ ਮਾਯਾ ਬਿਸ੍ਰੀਰਨਹ॥	ਬਿਸ੍ਰੀਰਨਹ: ਅੱਧਾ ਤੱਤਾ ਬਿਹਾਰੀ ਸਹਿਤ: ਪੋਲਾ ਬੋਲੋ ।ਯਾ ਤਾਲੂ ਤੋਂ ਬੋਲੋ ਮਾ-ਯਾ। ਤ-ਜੰਤਿ। ਦ੍ਰਿ-ੜੰਤਿ	Mithran Thajanth Sathran Dhrirranth Anik Maayaa Bistheeraneh ||	You forsake friends, and hold tight to enemies. You spread out countless illusions of Maya.	ਮਾਇਆ ਦੇ ਅਨੇਕਾਂ ਖਿਲਾਰੇ ਖਿਲਾਰ ਕੇ ਤੂੰ ਮਿੱਤ੍ਰਾਂ ਦਾ ਤਿਆਗ ਕਰਾ ਕੇ ਵੈਰੀ ਪੱਕੇ ਕਰਾਈ ਜਾਂਦਾ ਹੈਂ।
58026	1358	ਆਵੰਤ ਜਾਵੰਤ ਥਕੰਤ ਜੀਆ ਦੁਖ ਸੁਖ ਬਹੁ ਭੋਗਣਹ॥	ਜੀਆ: ਬਿੰਦੀ ਨਹੀਂ ਲਾਉਣੀ	Aavanth Jaavanth Thhakanth Jeeaa Dhukh Sukh Bahu Bhoganeh ||	You cause the living beings to come and go until they are exhausted. You lead them to experience pain and pleasure.	(ਤੇਰੇ ਵੱਸ ਵਿਚ ਹੋ ਕੇ) ਜੀਵ ਜਨਮ ਮਰਨ ਦੇ ਗੇੜ ਵਿਚ ਪੈ ਕੇ ਥੱਕ ਜਾਂਦੇ ਹਨ, ਅਨੇਕਾਂ ਦੁੱਖ ਸੁਖ ਭੋਗਦੇ ਹਨ,
58027	1358	ਭ੍ਰਮ ਭਯਾਨ ਉਦਿਆਨ ਰਮਣੰ ਮਹਾ ਬਿਕਟ ਅਸਾਧ ਰੋਗਣਹ॥	ਬੋਲਭ-ਯਾਨ: ਯਾ ਤਾਲੂ ਤੋਂ	Bhram Bhayaan Oudhiaan Ramanan Mehaa Bikatt Asaadhh Roganeh ||	You lead them to wander lost in the terrible wilderness of doubt; you lead them to contract the most horrible, incurable diseases.	ਭਟਕਣਾ ਵਿਚ ਪੈ ਕੇ, ਮਾਨੋ, ਡਰਾਉਣੇ ਜੰਗਲ ਵਿਚੋਂ ਦੀ ਲੰਘਦੇ ਹਨ, ਅਤੇ ਬੜੇ ਭਿਆਨਕ ਲਾ-ਇਲਾਜ ਰੋਗਾਂ ਵਿਚ ਫਸੇ ਹੋਏ ਹਨ।

58028	1358	ਬੈਦੁੰ ਪਾਰਬ੍ਰਹਮ ਪਰਮੇਸ੍ਵਰ ਆਰਾਧਿ ਨਾਨਕ ਹਰਿ ਹਰਿ ਹਰੇ॥੪੯॥	ਬੈਦੁੰ: ਬੈਦਿਅੰ।ਪਰਮੇਸ੍ਵਰ: ਪਰਮੇਸੁਅਰ	Baidhyan Paarabreham Paramaesvar Aaraadhh Naanak Har Har Harae ||49||	The only Physician is the Supreme Lord, the Transcendent Lord God. Nanak worships and adores the Lord, Har, Har, Haray. ||49||	(ਅਹੰਕਾਰ ਦੇ ਰੋਗ ਤੋਂ ਬਚਾਣ ਵਾਲਾ) ਹਕੀਮ ਪਰਮਾਤਮਾ ਹੀ ਹੈ। ਹੇ ਨਾਨਕ! ਉਸ ਪ੍ਰਭੂ ਨੂੰ ਹਰ ਵੇਲੇ ਸਿਮਰ ॥੪੯॥
58029	1358	ਹੇ ਪ੍ਰਾਣ ਨਾਥ ਗੋਬਿੰਦਹ ਕ੍ਰਿਪਾਨਿਧਾਨ ਜਗਦ ਗੁਰੋ॥		Hae Praan Naathh Gobindheh Kirapaa Nidhhaan Jagadh Guro ||	O Lord of the Universe, Master of the Breath of life, Treasure of Mercy, Guru of the World.	ਹੇ ਗੋਬਿੰਦ! ਹੇ ਜੀਵਾਂ ਦੇ ਮਾਲਕ! ਹੇ ਕਿਰਪਾ ਦੇ ਖ਼ਜ਼ਾਨੇ! ਹੇ ਜਗਤ ਦੇ ਗੁਰੂ!
58030	1358	ਹੇ ਸੰਸਾਰ ਤਾਪ ਹਰਣਹ ਕਰੁਣਾਮੈ ਸਭ ਦੁਖ ਹਰੋ॥	ਹਰ-ਣਹ। ਕਰੁਣਾ-ਮੈ। ਮੈ: ਬਿੰਦੀ ਨ ਲਾਉ	Hae Sansaar Thaap Haraneh Karunaa Mai Sabh Dhukh Haro ||	O Destroyer of the fever of the world, Embodiment of Compassion, please take away all my pain.	ਹੇ ਦੁਨੀਆ ਦੇ ਦੁੱਖਾਂ ਦੇ ਨਾਸ ਕਰਨ ਵਾਲੇ! ਹੇ ਤਰਸ-ਸਰੂਪ ਪ੍ਰਭੂ! (ਜੀਵਾਂ ਦੇ) ਸਾਰੇ ਦੁੱਖ-ਕਲੇਸ਼ ਦੂਰ ਕਰ।
58031	1358	ਹੇ ਸਰਣਿ ਜੋਗ ਦਯਾਲਹ ਦੀਨਾ ਨਾਥ ਮਯਾ ਕਰੋ॥	ਦ-ਯਾਲਹ: ਦ ਮੁਕਤਾ, ਯਾ ਤਾਲੂ ਤੋਂ ਬੋਲੋ।ਮ-ਯਾ	Hae Saran Jog Dhayaaleh Dheenaa Naathh Mayaa Karo ||	O Merciful Lord, Potent to give Sanctuary, Master of the meek and humble, please be kind to me.	ਹੇ ਦਇਆ ਦੇ ਘਰ! ਹੇ ਸਰਨ ਆਇਆਂ ਦੀ ਸਹੈਤਾ ਕਰਨ-ਜੋਗ ਪ੍ਰਭੂ! ਹੇ ਦੀਨਾਂ ਦੇ ਨਾਥ! ਮੇਹਰ ਕਰ।

58032	1358	ਸਰੀਰ ਸ੍ਵਸਥ ਖੀਣ ਸਮਏ ਸਿਮਰੰਤਿ ਨਾਨਕ ਰਾਮ ਦਾਮੋਦਰ ਮਾਧਵਹ॥੫੦॥	ਸ੍ਵਸਥ: ਸੁ-ਅਸਥ। (ਸ੍ਵਸਥ) ਤਿਆਰ-ਬਰ-ਤਿਆਰ ਕਲਿਆਣ ਸਹਿਤ। (ਖਣਿ) ਨਾਸ਼ ਹੋਣ (ਸ-ਮਏ) ਵੇਲੇ	Sareer Svasathh Kheen Sameae Simaranth Naanak Raam Dhaamodhar Maadhhaveh ||50||	Whether his body is healthy or sick, let Nanak meditate in remembrance on You, Lord. ||50||	ਹੇ ਰਾਮ! ਹੇ ਦਾਮੋਦਰ! ਹੇ ਮਾਧੋ! ਸਰੀਰਕ ਅਰੋਗਤਾ ਸਮੇ ਅਤੇ ਸਰੀਰ ਦੇ ਨਾਸ ਹੋਣ ਸਮੇ (ਹਰ ਵੇਲੇ) ਨਾਨਕ ਤੈਨੂੰ ਸਿਮਰਦਾ ਰਹੇ ॥੫੦॥
58033	1358	ਚਰਣਕਮਲ ਸਰਣੰ ਰਮਣੰ ਗੋਪਾਲ ਕੀਰਤਨਹ॥		Charan Kamal Saranan Ramanan Gopaal Keerathaneh ||	I have come to the Sanctuary of the Lord's Lotus Feet, where I sing the Kirtan of His Praises.	ਸਾਧ ਸੰਗਤ ਦੀ ਰਾਹੀਂ ਪ੍ਰਭੂ ਦੇ ਸੋਹਣੇ ਚਰਨਾਂ ਦਾ ਆਸਰਾ (ਲਿਆਂ), ਜਗਤ ਦੇ ਪਾਲਣਹਾਰ ਪਰਮਾਤਮਾ ਦੀ ਸਿਫ਼ਤ-ਸਾਲਾਹ ਉਚਾਰਿਆਂ-
58034	1358	ਸਾਧਸੰਗੇਣ ਤਰਣੰ ਨਾਨਕ ਮਹਾ ਸਾਗਰ ਭੈ ਦੁਤਰਹ॥੫੧॥	ਦੁੱਤ-ਰਹ	Saadhh Sangaen Tharanan Naanak Mehaa Saagar Bhai Dhuthareh ||51||	In the Saadh Sangat, the Company of the Holy, Nanak is carried across the utterly terrifying, difficult world-ocean. ||51||	(ਇਸ ਵਿਚੋਂ) ਪਾਰ ਲੰਘ ਸਕੀਦਾ ਹੈ। ਹੇ ਨਾਨਕ! (ਸੰਸਾਰ) ਇਕ ਵੱਡਾ ਭਿਆਨਕ ਸਮੁੰਦਰ ਹੈ, ਇਸ ਵਿਚੋਂ ਪਾਰ ਲੰਘਣਾ ਬਹੁਤ ਔਖਾ ਹੈ ॥੫੧॥
58035	1358	ਸਿਰ ਮਸ੍ਤਕ ਰਖ੍ਯਾ ਪਾਰਬ੍ਰਹਮੰ ਹਸ੍ਤ ਕਾਯਾ ਰਖ੍ਯਾ ਪਰਮੇਸ੍ਵਰਹ॥	ਮਸ੍ਤਕ, ਹਸ੍ਤ: ਅੱਧੇ, ਤੱਤੇ: ਪੋਲੇ ਬੋਲੋ।ਪਰਮੇਸ੍ਵਰਹ: ਪਰਮੇਸੁਅ-ਰਹ। ਬੋਲਕਾ-ਯਾ: ਯਾ ਤਾਲੂ ਤੋਂ।ਰਖ੍ਯਾ: ਰੱਖਿਆ	Sir Masok Rakhyaa Paarabrehaman Haso Kaayaa Rakhyaa Paramaesvareh ||	The Supreme Lord God has procted my head and forehead; the Transcendent Lord has protected my hands and body.	ਸਿਰ, ਮੱਥਾ, ਹੱਥ, ਸਰੀਰ ਦੀ (ਹਰ ਤਰ੍ਹਾਂ) ਰੱਖਿਆ ਕਰਨ ਵਾਲਾ ਪਾਰਬ੍ਰਹਮ ਪਰਮੇਸਰ (ਹੈ),

58036	1358	ਆਤਮ ਰਖ੍ਯਾ ਗੋਪਾਲ ਸੁਆਮੀ ਧਨ ਚਰਣ ਰਖ੍ਯਾ ਜਗਦੀਸ੍ਵਰਹ॥		Aatham Rakhyaa Gopaal Suaamee Dhhan Charan Rakhyaa Jagadheesvareh ||	God, my Lord and Master, has saved my soul; the Lord of the Universe has saved my wealth and feet.	ਜਿੰਦ, ਧਨ-ਪਦਾਰਥ (ਆਦਿ ਦੀ) ਹਰ ਪ੍ਰਕਾਰ ਦੀ ਰਾਖੀ ਕਰਨ ਵਾਲਾ ਗੋਪਾਲ, ਸੁਆਮੀ, ਜਗਦੀਸਰ (ਹੀ ਹੈ)।
58037	1358	ਸਰਬ ਰਖ੍ਯਾ ਗੁਰ ਦਯਾਲਹ ਭੈ ਦੂਖ ਬਿਨਾਸਨਹ॥	ਦਯਾ-ਲਹ: ਯਾ ਤਾਲੂ ਤੋਂ ਬੋਲੋ	Sarab Rakhyaa Gur Dhayaaleh Bhai Dhookh Binaasaneh ||	The Merciful Guru has protected everything, and destroyed my fear and suffering.	ਹਰ ਪ੍ਰਕਾਰ ਦੀ ਰਾਖੀ ਕਰਨ ਵਾਲਾ ਸਭ ਤੋਂ ਵੱਡਾ ਦਇਆ ਦਾ ਘਰ ਪਰਮਾਤਮਾ ਹੀ ਹੈ। ਉਹੀ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ।
58038	1358	ਭਗਤਿ ਵਛਲ ਅਨਾਥ ਨਾਥੇ ਸਰਣਿ ਨਾਨਕ ਪੁਰਖ ਅਚੁਤਹ॥੫੨॥	(ਅ-ਚੁੱਤਹ) ਅਬਿਨਾਸੀ	Bhagath Vashhal Anaathh Naathhae Saran Naanak Purakh Achutheh ||52||	God is the Lover of His devotees, the Master of the masterless. Nanak has entered the Sanctuary of the Imperishable Primal Lord God. ||52||	ਹੇ ਨਾਨਕ! ਉਹ ਪ੍ਰਭੂ ਨਿਆਸਰਿਆਂ ਦਾ ਆਸਰਾ ਹੈ, ਭਗਤੀ ਨੂੰ ਪਿਆਰ ਕਰਨ ਵਾਲਾ ਹੈ। ਉਸ ਅਵਿਨਾਸ਼ੀ ਸਰਬ-ਵਿਆਪਕ ਪ੍ਰਭੂ ਦਾ ਆਸਰਾ ਲੈ ॥੫੨॥
58039	1358	ਜੇਨ ਕਲਾ ਧਾਰਿਓ ਆਕਾਸੰ ਬੈਸੰਤਰੰ ਕਾਸਟ ਬੇਸਟੰ॥	ਜਿਨ੍ਹਾਂ ਦੀ ਅਨਤਕਲਾਵਾਨ ਸ਼ਕਤੀ ਨੇ, (ਬੇਸਟੰ) ਅਗਨੀ (ਕਾਸਟ) ਲੱਕੜ ਚ ਵਲੀ ਹੋਈ ਹੈ	Jaen Kalaa Dhhaariou Aakaasan Baisantharan Kaasatt Baesattan ||	His Power supports the sky, and locks fire within wood.	ਜਿਸ (ਪਰਮਾਤਮਾ) ਨੇ ਆਪਣੀ ਸੱਤਿਆ ਨਾਲ ਆਕਾਸ਼ ਨੂੰ ਟਿਕਾਇਆ ਹੋਇਆ ਹੈ ਅਤੇ ਅੱਗ ਨੂੰ ਲੱਕੜ ਨਾਲ ਢਕਿਆ ਹੋਇਆ ਹੈ;

58040	1358	ਜੇਨ ਕਲਾ ਸਸਿ ਸੂਰ ਨਖ੍ਯਤ੍ਰ ਜੋਤ੍ਹਿੰ ਸਾਸੰ ਸਰੀਰ ਧਾਰਣੰ॥	(ਜੋਤ੍ਹਿੰ) ਪ੍ਰਕਾਸ਼। ਨਖ੍ਯਤ੍ਰ: ਨਖਿਅੱਤ੍ਰ। ਜੋਤ੍ਹਿੰ: ਜੋਤਿਅੰ	Jaen Kalaa Sas Soor Nakhyathr Jothiyan Saasan Sareer Dhhaaranan ||	His Power supports the moon, the sun and the stars, and infuses light and breath into the body.	ਜਿਸ ਪ੍ਰਭੂ ਨੇ ਆਪਣੀ ਤਾਕਤ ਨਾਲ ਚੰਦ੍ਰਮਾ ਸੂਰਜ ਤਾਰਿਆਂ ਵਿਚ ਆਪਣਾ ਪ੍ਰਕਾਸ਼ ਟਿਕਾਇਆ ਹੋਇਆ ਹੈ ਅਤੇ ਸਭ ਸਰੀਰਾਂ ਵਿਚ ਸੁਆਸ ਟਿਕਾਏ ਹੋਏ ਹਨ;
58041	1359	ਜੇਨ ਕਲਾ ਮਾਤ ਗਰਭ ਪ੍ਰਤਿਪਾਲੰ ਨਹ ਛੇਦੰਤ ਜਠਰ ਰੋਗਣਹ॥		Jaen Kalaa Maath Garabh Prathipaalan Neh Shhaedhanth Jathar Roganeh ||	His Power provides nourishment in the womb of the mother, and does not let disease strike.	ਜਿਸ ਅਕਾਲ ਪੁਰਖ ਨੇ ਆਪਣੀ ਸੱਤਿਆ ਨਾਲ ਮਾਂ ਦੇ ਪੇਟ ਵਿਚ ਜੀਵਾਂ ਦੀ ਰਾਖੀ (ਦਾ ਪ੍ਰਬੰਧ ਕੀਤਾ ਹੋਇਆ ਹੈ), ਮਾਂ ਦੇ ਪੇਟ ਦੀ ਅੱਗ-ਰੂਪ ਰੋਗ ਜੀਵ ਦਾ ਨਾਸ ਨਹੀਂ ਕਰ ਸਕਦਾ।
58042	1359	ਤੇਨ ਕਲਾ ਅਸਥੰਭੰ ਸਰੋਵਰੰ ਨਾਨਕ ਨਹ ਛਿਜੰਤਿ ਤਰੰਗ ਤੋਯਣਹ॥੫੩॥	ਤੋਯ-ਣਹ: ਯ ਤਾਲੂ ਤੋਂ ਬੋਲੋ। (ਤੋਯਣਹ) ਪਾਣੀ। ਅਸ-ਥੰਭੰ। ਛਿ-ਜੰਤਿ	Thaen Kalaa Asathhanbhan Sarovaran Naanak Neh Shhijanth Tharang Thoyaneh ||53||	His Power holds back the ocean, O Nanak, and does not allow the waves of water to destroy the land. ||53||	ਹੇ ਨਾਨਕ! ਉਸ ਪ੍ਰਭੂ ਨੇ ਇਸ (ਸੰਸਾਰ-) ਸਰੋਵਰ ਨੂੰ ਆਪਣੀ ਤਾਕਤ ਨਾਲ ਆਸਰਾ ਦਿੱਤਾ ਹੋਇਆ ਹੈ, ਇਸ ਸਰੋਵਰ ਦੇ ਪਾਣੀ ਦੀਆਂ ਲਹਿਰਾਂ (ਜੀਵਾਂ ਦਾ) ਨਾਸ ਨਹੀਂ ਕਰ ਸਕਦੀਆਂ ॥੫੩॥
58043	1359	ਗੁਸਾਂਈ ਗਰਿਸ੍ਰ ਰੂਪੇਣ ਸਿਮਰਣੰ ਸਰਬਤ੍ਰ ਜੀਵਣਹ॥	(ਗ-ਰਿਸ੍ਰ) ਭਾਰੀ ਵੱਡਾ। ਰੂਪੇਣ ਰੂਪ ਹਨ। ਸਰਬੱਤ੍ਰ। ਗ-ਰਿਸ੍ਰ ਅੱਧਾ ਟੈਂਕਾ: ਪੋਲਾ ਬੋਲੋ	Gusaanee Garist Roopaen Simaranan Sarabathr Jeevaneh ||	The Lord of the World is Supremely Beautiful; His Meditation is the Life of all.	ਜਗਤ ਦਾ ਮਾਲਕ ਪਰਮਾਤਮਾ ਸਭ ਤੋਂ ਵੱਡੀ ਹਸਤੀ ਹੈ, ਉਸ ਦਾ ਸਿਮਰਨ ਸਭ ਜੀਵਾਂ ਦਾ ਜੀਵਨ (ਸਹਾਰਾ) ਹੈ।

58044	1359	ਲਬਧ੍ਯੰ ਸੰਤਸੰਗੇਣ ਨਾਨਕ ਸ੍ਵਛ ਮਾਰਗ ਹਰਿ ਭਗਤਣਹ॥੫੪॥	(ਸ੍ਵਛ) ਪਵਿੱਤ੍ਰ। ਲਬਧ੍ਯੰ: ਲੱਬਧਿਅੰ। ਸ੍ਵਛ: ਸੁਅੱਛ	Labadhhyan Santh Sangaen Naanak Svashh Maarag Har Bhagathaneh ||54||	In the Society of the Saints, O Nanak, He is found on the path of devotional worship of the Lord. ||54||	ਹੇ ਨਾਨਕ! ਪਰਮਾਤਮਾ ਦੀ ਭਗਤੀ ਹੀ (ਇਨਸਾਨੀ ਜ਼ਿੰਦਗੀ ਦੇ ਸਫ਼ਰ ਦਾ) ਨਿਰਮਲ ਰਸਤਾ ਹੈ, ਜੋ ਸਾਧ ਸੰਗਤ ਵਿਚ ਲੱਭਦਾ ਹੈ ॥੫੪॥
58045	1359	ਮਸਕੰ ਭਗਨੰਤ ਸੈਲੰ ਕਰਦਮੰ ਤਰੰਤ ਪਪੀਲਕਹ॥	(ਮਸਕੰ) ਮੱਛਰ (ਭਗਨੰਤ) ਭੰਨ ਦਿੰਦਾ ਹੈ।(ਸੈਲੰ) ਪੱਥਰ ਨੂੰ। (ਕਰਦਮੰ) ਚਿੱਕੜ, (ਪਪੀਲ-ਕਹ) ਕੀੜੀ	Masakan Bhagananth Sailan Karadhaman Tharanth Papeelakeh ||	The mosquito pierces the stone, the ant crosses the swamp,	ਉਹ (ਮਨੁੱਖ ਪਹਿਲਾਂ) ਮੱਛਰ (ਵਾਂਗ ਨਿਤਾਣਾ ਹੁੰਦਿਆਂ ਭੀ) ਪਹਾੜ (ਅਹੰਕਾਰ) ਨੂੰ ਤੋੜ ਲੈਂਦਾ ਹੈ, ਕੀੜੀ (ਵਾਂਗ ਕਮਜ਼ੋਰ ਹੁੰਦਿਆਂ ਭੀ ਹੁਣ) ਚਿੱਕੜ (ਮੋਹ) ਤੋਂ ਤਰ ਜਾਂਦਾ ਹੈ,
58046	1359	ਸਾਗਰੰ ਲੰਘੰਤਿ ਪਿੰਗੰ ਤਮ ਪਰਗਾਸ ਅੰਧਕਹ॥	(ਤਮ) ਅੰਧੇਰਾ। ਲੰ-ਘੰਤਿ	Saagaran Langhanth Pingan Tham Paragaas Andhhakeh ||	The cripple crosses the ocean, and the blind sees in the darkness,	ਲੂਲ੍ਹੇ ਸਮਾਨ (ਨਿਆਸਰਾ ਹੁੰਦਿਆਂ ਭੀ ਹੁਣ ਸੰਸਾਰ-) ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ, (ਉਸ ਅਗਿਆਨੀ) ਅੰਨ੍ਹੇ ਦਾ ਹਨੇਰਾ (ਵੀ) ਚਾਨਣ ਬਣ ਜਾਂਦਾ ਹੈ,
58047	1359	ਸਾਧਸੰਗੇਣਿ ਸਿਮਰੰਤਿ ਗੋਬਿੰਦ ਸਰਣਿ ਨਾਨਕ ਹਰਿ ਹਰਿ ਹਰੇ॥੫੫॥		Saadhh Sangaen Simaranth Gobindh Saran Naanak Har Har Harae ||55||	Meditating on the Lord of the Universe in the Saadh Sangat. Nanak seeks the Sanctuary of the Lord, Har, Har, Haray. ||55||	ਹੇ ਨਾਨਕ! ਜੋ ਮਨੁੱਖ ਸਾਧ ਸੰਗਤ ਦੀ ਰਾਹੀਂ ਪਰਮਾਤਮਾ ਦੀ ਓਟ ਲੈ ਕੇ ਗੋਬਿੰਦ ਦਾ ਸਿਮਰਨ ਕਰਦਾ ਹੈ ॥੫੫॥

58048	1359	ਤਿਲਕ ਹੀਣੰ ਜਥਾ ਬਿਪ੍ਰਾ ਅਮਰ ਹੀਣੰ ਜਥਾ ਰਾਜਨਹ॥	ਜਥਾ: ਪੋਲਾ ਬੋਲੋ	Thilak Heenan Jathhaa Bipraa Amar Heenan Jathhaa Raajaneh ||	Like a Brahmin without a sacred mark on his forehead, or a king without the power of command,	ਜਿਵੇਂ ਤਿਲਕ ਤੋਂ ਬਿਨਾ ਬ੍ਰਾਹਮਣ, ਜਿਵੇਂ ਹੁਕਮ (ਦੀ ਸਮਰਥਾ) ਤੋਂ ਬਿਨਾ ਰਾਜਾ,
58049	1359	ਆਵਧ ਹੀਣੰ ਜਥਾ ਸੂਰਾ ਨਾਨਕ ਧਰਮ ਹੀਣੰ ਤਥਾ ਬੈਸ੍ਨਵਹ॥੫੬॥	ਬੈਸ੍ਨਵਹ: ਅਧੱਾ ਨੰਨਾ ਪੋਲਾ ਬੋਲੋ	Aavadhh Heenan Jathhaa Soorar Naanak Dhharam Heenan Thathhaa Baisaaveh ||56||	Or a warrior without weapons, so is the devotee of God without Dharmic Faith. ||56||	ਜਿਵੇਂ ਸ਼ਸਤ੍ਰ ਤੋਂ ਬਿਨਾ ਸੂਰਮਾ (ਸੋਭਾ ਨਹੀਂ ਪਾਂਦਾ), ਤਿਵੇਂ, ਹੇ ਨਾਨਕ! ਧਰਮ ਤੋਂ ਸੱਖਣਾ ਵਿਸ਼ਨੂ-ਭਗਤ (ਸਮਝੋ) ॥੫੬॥
58050	1359	ਨ ਸੰਖੰ ਨ ਚਕ੍ਰੰ ਨ ਗਦਾ ਨ ਸਿਆਮੰ॥		N Sankhan N Chakran N Gadhaa N Siaaman ||	God has no conch-shell, no religious mark, no paraphernalia; he does not have blue skin.	ਉਸ ਦੇ ਹੱਥ ਵਿਚ ਨਾਹ ਸੰਖ ਹੈ ਨਾਹ ਚੱਕ੍ਰ ਹੈ ਨਾਹ ਗਦਾ ਹੈ, ਨਾਹ ਹੀ ਉਹ ਕਾਲੇ ਰੰਗ ਵਾਲਾ ਹੈ। (ਭਾਵ, ਨਾਹ ਹੀ ਉਹ ਵਿਸ਼ਨੂ ਹੈ ਨਾਹ ਹੀ ਉਹ ਕ੍ਰਿਸ਼ਨ ਹੈ)।
58051	1359	ਅਸ੍ਚਰਜ ਰੂਪੰ ਰਹੰਤ ਜਨਮੰ॥	ਅਸ੍ਚਰਜ: ਅੱਧਾ ਚਚਾ ਪੋਲਾ ਬੋਲੋ।	Ascharaj Roopan Rehanth Janaman ||	His Form is Wondrous and Amazing. He is beyond incarnation.	ਉਹ ਜਨਮ ਤੋਂ ਰਹਿਤ ਹੈ, ਉਸ ਦਾ ਰੂਪ ਅਚਰਜ ਹੈ (ਜੋ ਬਿਆਨ ਨਹੀਂ ਹੋ ਸਕਦਾ),
58052	1359	ਨੇਤ ਨੇਤ ਕਥੰਤਿ ਬੇਦਾ॥	ਬੇਦਾ: ਬਿੰਦੀ ਨਹੀਂ ਲਾਉਣੀ। ਕ-ਥੰਤਿ	Naeth Naeth Kathhanth Baedhaa ||	The Vedas say that He is not this, and not that.	ਵੇਦ ਆਖਦੇ ਹਨ ਕਿ ਉਸ ਵਰਗਾ ਹੋਰ ਕੋਈ ਨਹੀਂ ਹੈ,
58053	1359	ਊਚ ਮੂਚ ਅਪਾਰ ਗੋਬਿੰਦਹ॥		Ooch Mooch Apaar Gobindheh ||	The Lord of the Universe is Lofty and High, Great and Infinite.	ਗੋਬਿੰਦ ਬੇਅੰਤ ਹੈ, (ਬਹੁਤ) ਉੱਚਾ ਹੈ, (ਬਹੁਤ) ਵੱਡਾ ਹੈ,

58054	1359	ਬਸੰਤਿ ਸਾਧ ਰਿਦਯੰ ਅਚੁਤ ਬੁਝੰਤਿ ਨਾਨਕ ਬਡਭਾਗੀਅਹ॥੫੭॥	ਰਿਦ-ਯ: ਯੰ ਤਾਲੂ ਤੋਂ ਬੋਲੋ।ਅ-ਚੁੱਤ।ਬੁੱਝੰਤਿ	Basanth Saadhh Ridhayan Achuth Bujhanth Naanak Baddabhaageeah ||57||	The Imperishable Lord abides in the hearts of the Holy. He is understood, O Nanak, by those who are very fortunate. ||57||	ਉਹ ਅਵਿਨਾਸੀ ਪ੍ਰਭੂ ਗੁਰਮੁਖਾਂ ਦੇ ਹਿਰਦੇ ਵਿਚ ਵੱਸਦਾ ਹੈ। ਹੇ ਨਾਨਕ! ਵੱਡੇ ਭਾਗਾਂ ਵਾਲੇ ਬੰਦੇ ਹੀ (ਇਹ ਗੱਲ) ਸਮਝਦੇ ਹਨ ॥੫੭॥
58055	1359	ਉਦਿਆਨ ਬਸਨੰ ਸੰਸਾਰੰ ਸਨਬੰਧੀ ਸ੍ਵਾਨ ਸਿਆਲ ਖਰਹ॥	ਬਸਨੰ: ਬਸ ਰਹੇ ਹਨ।ਸ੍ਵਾਨ: ਸੁਆਨ। (ਸ੍ਵਾਨ) ਕੂਕਰ ਲੋਭੀ। ਦਗੇਬਾਜ਼ ਰੂਪੀ (ਸਿਆਲ) ਗਿੱਦੜ।ਕਾਮੀ ਰੂਪੀ (ਖਰਹ) ਖੋਤੇ ਆਲਸੀ	Oudhiaan Basanan Sansaaran Sanabandhhee Svaan Siaal Khareh ||	Living in the world, it is like a wild jungle. One's relatives are like dogs, jackals and donkeys.	ਜੀਵ ਦਾ ਵਾਸਾ ਇਕ ਐਸੇ ਸੰਸਾਰ-ਜੰਗਲ ਵਿਚ ਹੈ ਜਿਥੇ ਕੁੱਤੇ, ਗਿੱਦੜ, ਖੋਤੇ ਇਸ ਦੇ ਸੰਬੰਧੀ ਹਨ (ਭਾਵ, ਜੀਵ ਦਾ ਸੁਭਾਉ ਕੁੱਤੇ ਗਿੱਦੜ ਖੋਤੇ ਵਰਗਾ ਹੈ)।
58056	1359	ਬਿਖਮ ਸਥਾਨ ਮਨ ਮੋਹ ਮਦਿਰੰ ਮਹਾਂ ਅਸਾਧ ਪੰਚ ਤਸਕਰਹ॥		Bikham Sathhaan Man Moh Madhiran Mehaan Asaadhh Panch Thasakareh ||	In this difficult place, the mind is intoxicated with the wine of emotional attachment; the five unconquered thieves lurk there.	ਜੀਵ ਦਾ ਮਨ ਬੜੇ ਔਖੇ ਥਾਂ (ਫਸਿਆ ਪਿਆ) ਹੈ, ਮੋਹ ਦੀ ਸ਼ਰਾਬ (ਵਿਚ ਮਸਤ ਹੈ), ਵੱਡੇ ਅਜਿੱਤ ਪੰਜ (ਕਾਮਾਦਿਕ) ਚੋਰ (ਇਸ ਦੇ ਲਾਗੂ ਹਨ)।

58057	1359	ਹੀਤ ਮੋਹ ਭੈ ਭਰਮ ਭ੍ਰਮਣੰ ਅਹੰ ਫਾਂਸ ਤੀਖ੍ਯਣ ਕਠਿਨਹ॥	ਤੀਖ੍ਯਣ: ਤੀਖਿਅਣ	Heeth Moh Bhai Bharam Bhramanan Ahan Faans Theekhyan Kathineh ||	The mortals wander lost in love and emotional attachment, fear and doubt; they are caught in the sharp, strong noose of egotism.	ਇਤ, ਮੋਹ, (ਅਨੇਕਾਂ) ਸਹਿਮ, ਭਟਕਣਾਂ (ਵਿਚ ਜੀਵ ਕਾਬੂ ਆਇਆ ਹੋਇਆ ਹੈ), ਹਉਮੈ ਦੀ ਔਖੀ ਤ੍ਰਿੱਖੀ ਫਾਹੀ (ਇਸ ਦੇ ਗਲ ਵਿਚ ਪਈ ਹੋਈ ਹੈ)।
58058	1359	ਪਾਵਕ ਤੋਅ ਅਸਾਧ ਘੋਰੰ ਅਗਮ ਤੀਰ ਨਹ ਲੰਘਨਹ॥		Paavak Thoa Asaadhh Ghoran Agam Theer Neh Langhaneh ||	The ocean of fire is terrifying and impassable. The distant shore is so far away; it cannot be reached.	(ਜੀਵ ਇਕ ਐਸੇ ਸਮੁੰਦਰ ਵਿਚ ਗੋਤੇ ਖਾ ਰਿਹਾ ਹੈ ਜਿਥੇ) ਤ੍ਰਿਸ਼ਨਾ ਦੀ ਅੱਗ ਲੱਗੀ ਹੋਈ ਹੈ, ਭਿਆਨਕ ਅਸਾਧ ਵਿਸ਼ਿਆਂ ਦਾ ਪਾਣੀ (ਠਾਠਾਂ ਮਾਰ ਰਿਹਾ ਹੈ), (ਉਸ ਸਮੁੰਦਰ ਦਾ) ਕੰਢਾ ਅਪਹੁੰਚ ਹੈ, ਪਾਰ ਨਹੀਂ ਲੰਘਿਆ ਜਾ ਸਕਦਾ।
58059	1359	ਭਜੁ ਸਾਧਸੰਗਿ ਗੁਪਾਲ ਨਾਨਕ ਹਰਿ ਚਰਣ ਸਰਣ ਉਧਰਣ ਕ੍ਰਿਪਾ॥੫੮॥	ਗੁ: ਹੋੜੇ ਔਂਕੜ ਵਿਚਾਲੇ ਬੋਲੋ। ਭਜੁ: ਪੋਲਾ ਬੋਲੋ। ਔਗੁਣਾਂ ਤੋਂ (ਉਧਰ-ਣ) ਬਚਣਾ ਹੁੰਦਾ ਹੈ	Bhaj Saadhhasang Guopaal Naanak Har Charan Saran Oudhharan Kirapaa ||58||	Vibrate and meditate on the Lord of the World, in the Saadh Sangat, the Company of the Holy; O Nanak, by His Grace, we are saved at the Lotus Feet of the Lord. ||58||	ਹੇ ਨਾਨਕ! ਸਾਧ ਸੰਗਤ ਵਿਚ ਜਾ ਕੇ ਗੋਪਾਲ ਦਾ ਭਜਨ ਕਰ, ਪ੍ਰਭੂ ਦੇ ਚਰਨਾਂ ਦੀ ਓਟ ਲਿਆਂ ਹੀ ਉਸ ਦੀ ਮੇਹਰ ਨਾਲ (ਇਸ ਭਿਆਨਕ ਸੰਸਾਰ-ਸਮੁੰਦਰ ਵਿਚੋਂ ਬਚਾਉ ਹੋ ਸਕਦਾ ਹੈ ॥੫੮॥

58060	1359	ਕ੍ਰਿਪਾ ਕਰੰਤ ਗੋਬਿੰਦ ਗੋਪਾਲਹ ਸਗਲ੍ਯ ਰੋਗ ਖੰਡਣਹ॥	ਸਗਲ੍ਯ: ਸਗਲਿਅੰ	Kirapaa Karanth Gobindh Gopaaleh Sagalyan Rog Khanddaneh ||	When the Lord of the Universe grants His Grace, all illnesses are cured.	ਜਦੋਂ ਗੋਬਿੰਦ ਗੋਪਾਲ (ਜੀਵ ਉਤੇ) ਕਿਰਪਾ ਕਰਦਾ ਹੈ ਤਾਂ (ਉਸ ਦੇ) ਸਾਰੇ ਰੋਗ ਨਾਸ ਕਰ ਦੇਂਦਾ ਹੈ।
58061	1359	ਸਾਧਸੰਗੇਣਿ ਗੁਣ ਰਮਤ ਨਾਨਕ ਸਰਣਿ ਪੂਰਨ ਪਰਮੇਸੁਰਹ॥੫੯॥		Saadhh Sangaen Gun Ramath Naanak Saran Pooran Paramaesureh ||59||	Nanak chants His Glorious Praises in the Saadh Sangat, in the Sanctuary of the Perfect Transcendent Lord God. ||59||	ਹੇ ਨਾਨਕ! ਸਾਧ ਸੰਗਤ ਦੀ ਰਾਹੀਂ ਹੀ ਪਰਮਾਤਮਾ ਦੀ ਸਿਫ਼ਤ-ਸਾਲਾਹ ਕੀਤੀ ਜਾ ਸਕਦੀ ਹੈ, ਤੇ ਪੂਰਨ ਪਰਮੇਸਰ ਦਾ ਆਸਰਾ ਲਿਆ ਜਾ ਸਕਦਾ ਹੈ ॥੫੯॥
58062	1359	ਸਿਆਮਲੰ ਮਧੁਰ ਮਾਨੁਖ੍ਯੰ ਰਿਦਯੰ ਭੂਮਿ ਵੈਰਣਹ॥	ਰਿਦੇ ਦਾ (ਸਿਆਮਲੰ) ਕਾਲਾ, ਮੂੰਹੋਂ (ਮਧੁਰ) ਮਿੱਠੇ ਬਚਨ ਕਰਨ ਵਾਲਾ। (ਰਿਦਯੰ) ਰਿਦੇ (ਭੁਮਿ) ਧਰਤੀ ਚ (ਵੈਰਣਹ) ਵੈਰ ਹੈ। ਮਾਨੁਖ੍ਯੰ: ਮਾਨੁੱਖਿਅੰ। ਰਿਦਯੰ: ਯੰ ਤਾਲੂ ਤੋਂ ਬੋਲੋ।	Siaamalan Madhhur Maanukhyan Ridhayan Bhoom Vairaneh ||	The mortal is beautiful and speaks sweet words, but in the farm of his heart, he harbors cruel vengeance.	ਮਨੁੱਖ (ਵੇਖਣ ਨੂੰ) ਸੋਹਣਾ ਹੋਵੇ, ਅਤੇ ਮਿਠ-ਬੋਲਾ ਹੋਵੇ, ਪਰ ਜੇ ਉਸ ਦੇ ਹਿਰਦੇ-ਧਰਤੀ ਵਿਚ ਵੈਰ (ਦਾ ਬੀਜ) ਹੋਵੇ,
58063	1359	ਨਿਵੰਤਿ ਹੋਵੰਤਿ ਮਿਥਿਆ ਚੇਤਨੰ ਸੰਤ ਸ੍ਵਜਨਹ॥੬੦॥	ਸ੍ਵਜਨਹ: ਸੁਅੱਜਨਹ। ਨਿ-ਵੰਤਿ, ਹੋ-ਵੰਤਿ	Nivanth Hovanth Mithhiaa Chaethanan Santh Svajaneh ||60||	He pretends to bow in worship, but he is false. Beware of him, O friendly Saints. ||60||	ਤਾਂ ਉਸ ਦਾ (ਦੂਜਿਆਂ ਅੱਗੇ) ਲਿਫਣਾ (ਨਿਰੀ) ਠੱਗੀ ਹੈ। ਭਲੇ ਮਨੁੱਖ ਸੰਤ ਜਨ (ਇਸ ਉਕਾਈ ਵਲੋਂ) ਸਾਵਧਾਨ ਰਹਿੰਦੇ ਹਨ ॥੬੦॥

58064	1359	ਅਚੇਤ ਮੂੜਾ ਨ ਜਾਣੰਤ ਘਟੰਤ ਸਾਸਾ ਨਿਤ ਪ੍ਰਤੇ॥	ਮੂੜ੍ਹਾ	Achaeth Moorraa N Jaananth Ghattanth Saasaa Nith Prathae ||	The thoughtless fool does not know that each day, his breaths are being used up.	ਬੇ-ਸਮਝ ਮੂਰਖ ਮਨੁੱਖ ਇਹ ਨਹੀਂ ਜਾਣਦਾ ਕਿ ਸੁਆਸ ਸਦਾ ਘਟਦੇ ਰਹਿੰਦੇ ਹਨ,
58065	1359	ਛਿਜੰਤ ਮਹਾ ਸੁੰਦਰੀ ਕਾਂਇਆ ਕਾਲ ਕੰਨਿਆ ਗ੍ਰਾਸਤੇ॥		Shhijanth Mehaa Sundharee Kaaneiaa Kaal Kanniaa Graasathae ||	His most beautiful body is wearing away; old age, the daughter of death, has seized it.	ਬੜਾ ਸੁੰਦਰ ਸਰੀਰ (ਦਿਨੋ-ਦਿਨ) ਕਮਜ਼ੋਰ ਹੁੰਦਾ ਜਾਂਦਾ ਹੈ, ਬਿਰਧ-ਅਵਸਥਾ ਆਪਣਾ ਜ਼ੋਰ ਪਾਂਦੀ ਜਾਂਦੀ ਹੈ।
58066	1359	ਰਚੰਤਿ ਪੁਰਖਹ ਕੁਟੰਬ ਲੀਲਾ ਅਨਿਤ ਆਸਾ ਬਿਖਿਆ ਬਿਨੋਦ॥	ਰ-ਚੰਤਿ,ਅ-ਨਿੱਤ	Rachanth Purakheh Kuttanb Leelaa Anith Aasaa Bikhiaa Binodh ||	He is engrossed in family play; placing his hopes in transitory things, he indulges in corrupt pleasures.	(ਅਜੇਹੀ ਹਾਲਤ ਵਿਚ ਭੀ) ਬੰਦਾ ਆਪਣੇ ਪਰਵਾਰ ਦੇ ਕਲੋਲਾਂ ਵਿਚ ਮਸਤ ਰਹਿੰਦਾ ਹੈ, ਅਤੇ ਨਿੱਤ ਨਾਹ ਰਹਿਣ ਵਾਲੀ ਮਾਇਆ ਦੀਆਂ ਖ਼ੁਸ਼ੀਆਂ ਦੀਆਂ ਆਸਾਂ (ਬਣਾਈ ਰੱਖਦਾ ਹੈ)।
58067	1359	ਭ੍ਰਮੰਤਿ ਭ੍ਰਮੰਤਿ ਬਹੁ ਜਨਮ ਹਾਰਿਓ ਸਰਣਿ ਨਾਨਕ ਕਰੁਣਾਮਯਹ॥੬੧॥	ਕਰੁਣਾ-ਮਯਹ: ਯ ਤਾਲੂ ਤੋਂ ਬੋਲੋ।	Bhramanth Bhramanth Bahu Janam Haariou Saran Naanak Karunaa Mayeh ||61||	Wandering lost in countless incarnations, he is exhausted. Nanak seeks the Sanctuary of the Embodiment of Mercy. ||61||	(ਸਿੱਟਾ ਇਹ ਨਿਕਲਦਾ ਹੈ ਕਿ) ਅਨੇਕਾਂ ਜੂਨਾਂ ਵਿਚ ਭਟਕਦਾ ਜੀਵ ਥੱਕ ਜਾਂਦਾ ਹੈ। ਹੇ ਨਾਨਕ! (ਇਸ ਕਲੇਸ਼ ਤੋਂ ਬਚਣ ਲਈ) ਦਇਆ-ਸਰੂਪ ਪ੍ਰਭੂ ਦਾ ਆਸਰਾ ਲੈ ॥੬੧॥

58068	1359	ਹੇ ਜਿਹਬੇ ਹੇ ਰਸਗੇ ਮਧੁਰ ਪ੍ਰਿਅ ਤੁਯੰ॥	ਤੁ-ਯੰ	Hae Jihabae Hae Rasagae Madhhur Pria Thuyan ||	O tongue, you love to enjoy the sweet delicacies.	ਹੇ ਜੀਭ! ਹੇ (ਸਭ) ਰਸਾਂ ਦੇ ਜਾਣਨ ਵਾਲੀ! (ਹੇ ਚਸਕਿਆਂ ਨਾਲ ਸਾਂਝ ਪਾ ਰੱਖਣ ਵਾਲੀ! ਹੇ ਚਸਕਿਆਂ ਵਿਚ ਫਸੀ ਹੋਈ!) ਮਿੱਠੇ ਪਦਾਰਥ ਤੈਨੂੰ ਪਿਆਰੇ ਲੱਗਦੇ ਹਨ।
58069	1359	ਸਤ ਹਤੰ ਪਰਮ ਬਾਦੰ ਅਵਰਤ ਏਥਹ ਸੁਧ ਅਛਰਣਹ॥	ਵਰਤਣ ਤੋਂ (ਅ-ਵਰਤ) ਰਹਿਤ (ਹੋ) ਰਹੀ ਹੈ ਰਸਨਾ। ਸੁੱਧ। ਅੱਛਰ-ਣਹ	Sath Hathan Param Baadhan Avarath Eaethheh Sudhh Ashharaneh ||	You are dead to the Truth, and involved in great disputes. Instead, repeat the holy words:	ਪਰ ਪਰਮਾਤਮਾ ਦੇ ਨਾਮ (-ਸਿਮਰਨ) ਵਲੋਂ ਤੂੰ ਮਰੀ ਪਈ ਹੈਂ, ਤੇ ਹੋਰ ਵੱਡੇ ਵੱਡੇ ਝਗੜੇ ਸਹੇੜਦੀ ਹੈਂ। ਹੇ ਜੀਭ! ਇਹ ਪਵਿੱਤ੍ਰ ਸ਼ਬਦ ਤੂੰ ਮੁੜ ਮੁੜ ਉਚਾਰਨ ਕਰ-
58070	1359	ਗੋਬਿੰਦ ਦਾਮੋਦਰ ਮਾਧਵੇ॥੬੨॥		Gobindh Dhaamodhar Maadhhavae ||62||	Gobind, Daamodar, Maadhav. ||62||	'ਗੋਬਿੰਦ' 'ਦਾਮੋਦਰ' 'ਮਾਧੋ'- (ਤਦੋਂ ਹੀ ਤੂੰ ਜੀਭ ਅਖਵਾਣ ਦੇ ਯੋਗ ਹੋਵੇਂਗੀ) ॥੬੨॥
58071	1359	ਗਰਬੰਤਿ ਨਾਰੀ ਮਦੋਨ ਮਤੰ॥	ਨਾਰੀ ਦੋਜ਼ਕੀ (ਗਰਬੰਤਿ) ਹੰਕਾਰ ਕਰਦਾ ਹੈ। ਹੰਕਾਰ (ਮਦੋਨ) ਕਾਮ। (ਮਤੰ) ਮਸਤ	Garabanth Naaree Madhon Mathan ||	Those who are proud, and intoxicated with the pleasures of sex,	(ਜਿਹੜਾ) ਮਨੁੱਖ ਇਸਤ੍ਰੀ ਦੇ ਮਦ ਵਿਚ ਮਸਤਿਆ ਹੋਇਆ-
58072	1359	ਬਲਵੰਤ ਬਲਾਤ ਕਾਰਣਹ॥	(ਬਲਵੰਤ) ਬਲ ਵਾਲਾ। ਜ਼ੋਰ ਜ਼ੁਲਮ (ਬਲਾਤ) ਜ਼ਬਰਦਸਤੀ ਕਰਨ ਦਾ (ਕਾਰਣਹ) ਕਾਰਨ ਹੈ	Balavanth Balaath Kaaraneh ||	And asserting their power over others,	ਆਪਣੇ ਆਪ ਨੂੰ ਬਲਵਾਨ ਜਾਣ ਕੇ ਅਹੰਕਾਰ ਕਰਦਾ ਹੈ, ਤੇ (ਹੋਰਨਾਂ ਉਤੇ) ਧੱਕਾ ਕਰਦਾ ਹੈ,

58073	1359	ਚਰਨਕਮਲ ਨਹ ਭਜੰਤ ਤ੍ਰਿਣ ਸਮਾਨਿ ਧ੍ਰਿਗੁ ਜਨਮਨਹ॥		Charan Kamal Neh Bhajanth Thrin Samaan Dhhrig Janamaneh ||	Never contemplate the Lord's Lotus Feet. Their lives are cursed, and as worthless as straw.	ਉਹ ਪਰਮਾਤਮਾ ਦੇ ਸੋਹਣੇ ਚਰਨਾਂ ਦਾ ਧਿਆਨ ਨਹੀਂ ਧਰਦਾ, (ਇਸ ਕਰਕੇ ਉਸ ਦੀ ਹਸਤੀ) ਤੀਲੇ ਦੇ ਬਰਾਬਰ ਹੈ, ਉਸ ਦਾ ਜੀਵਨ ਫਿਟਕਾਰ-ਜੋਗ ਹੈ।
58074	1359	ਹੇ ਪਪੀਲਕਾ ਗ੍ਰਸਟੇ ਗੋਬਿੰਦ ਸਿਮਰਣ ਤੁਯੰ ਧਨੇ॥	(ਪਪੀਲਕਾ) ਕੀੜੀ ਨਿਆਈਂ ਨਿੰਮ੍ਰਤਾ ਵਾਲੇ ਗੁਰਸੇਵਕ। ਤੂੰ (ਗ੍ਰਸਟੇ) ਭਾਰੀ ਹੈਂ। (ਤੁ-ਯੰ): ਯੰ ਤਾਲੂ ਤੋਂ ਬੋਲੋ। (ਧਨੇ) ਧੰਨ ਹੈਂ	Hae Papeelakaa Grasattae Gobindh Simaran Thuyan Dhhanae ||	You are as tiny and insignificant as an ant, but you shall become great, by the Wealth of the Lord's Meditation.	ਹੇ ਕੀੜੀ! (ਜੇ) ਗੋਬਿੰਦ ਦਾ ਸਿਮਰਨ ਤੇਰਾ ਧਨ ਹੈ, (ਤਾਂ ਤੂੰ ਨਿੱਕੀ ਜਿਹੀ ਹੁੰਦਿਆਂ ਭੀ) ਭਾਰੀ ਹੈਂ (ਤੇਰੇ ਮੁਕਾਬਲੇ ਤੇ ਉਹ ਬਲਵਾਨ ਮਨੁੱਖ ਹੰਲਾ ਤੀਲੇ-ਸਮਾਨ ਹੈ)।
58075	1359	ਨਾਨਕ ਅਨਿਕ ਬਾਰ ਨਮੋ ਨਮਹ॥੬੩॥		Naanak Anik Baar Namo Nameh ||63||	Nanak bows in humble worship, countless times, over and over again. ||63||	ਹੇ ਨਾਨਕ! ਅਨੇਕਾਂ ਵਾਰੀ (ਪਰਮਾਤਮਾ ਅੱਗੇ) ਨਮਸਕਾਰ ਕਰ ॥੬੩॥
58076	1359	ਤ੍ਰਿਣੰ ਤ ਮੇਰੰ ਸਹਕੰ ਤ ਹਰੀਅੰ॥	ਗੁਰਸੇਵਕ (ਤ੍ਰਿਣੰ) ਕੱਖ ਗੁਰਸੇਵਕ (ਮੇਰੰ) ਸੁਮੇਰ ਗੁਰਸੇਵਕ (ਸਹਕੰ) ਸੈਹਾ ਗੁਰਸੇਵਕ (ਹਰੀਅੰ) ਸ਼ੇਰ	Thrinan Th Maeran Sehakan Th Hareean ||	The blade of grass becomes a mountain, and the barren land becomes green.	ਉਹ ਤੀਲੇ ਤੋਂ ਸੁਮੇਰ ਪਰਬਤ ਬਣ ਜਾਂਦਾ ਹੈ, ਸੁਕੇ ਤੋਂ ਹਰਾ ਹੋ ਜਾਂਦਾ ਹੈ,
58077	1359	ਬੂਡੰ ਤ ਤਰੀਅੰ ਊਣੰ ਤ ਭਰੀਅੰ॥		Booddan Th Thareean Oonan Th Bhareean ||	The drowning one swims across, and the empty is filled to overflowing.	(ਵਿਚਾਰਾਂ ਵਿਚ) ਡੁੱਬਦਾ ਤਰ ਜਾਂਦਾ ਹੈ, (ਗੁਣਾਂ ਤੋਂ) ਸੱਖਣਾ (ਗੁਣਾਂ ਨਾਲ) ਭਰ ਜਾਂਦਾ ਹੈ,

58078	1359	ਅੰਧਕਾਰ ਕੋਟਿ ਸੂਰ ਉਜਾਰੰ॥		Andhhakaar Kott Soor Oujaaran ||	Millions of suns illuminate the darkness,	(ਉਸ ਦੇ ਵਾਸਤੇ) ਹਨੇਰੇ ਤੋਂ ਕ੍ਰੋੜਾਂ ਸੂਰਜਾਂ ਦਾ ਚਾਨਣ ਹੋ ਜਾਂਦਾ ਹੈ,
58079	1359	ਬਿਨਵੰਤ ਨਾਨਕ ਹਰਿ ਗੁਰ ਦਯਾਰੰ॥੬੪॥	(ਦ-ਯਾਰੰ) ਦ ਮੁਕਤਾ, ਯਾ ਤਾਲੂ ਤੋਂ ਬੋਲੋ	Binavanth Naanak Har Gur Dhayaaran ||64||	Prays Nanak, when the Guru, the Lord, becomes Merciful. ||64||	ਨਾਨਕ ਬੇਨਤੀ ਕਰਦਾ ਹੈ (ਜਿਸ ਉਤੇ) ਗੁਰੂ ਪਰਮਾਤਮਾ ਦਿਆਲ ਹੋ ਜਾਏ ॥੬੪॥
58080	1360	ਬ੍ਰਹਮਣਹ ਸੰਗਿ ਉਧਰਣੰ ਬ੍ਰਹਮ ਕਰਮ ਜਿ ਪੂਰਣਹ॥	ਉਧਰ-ਣੰ	Brehamaneh Sang Oudhharanan Breham Karam J Pooraneh ||	Associating with the Brahmin, one is saved, if his actions are perfect and God-like.	ਜੋ ਮਨੁੱਖ ਹਰੀ-ਸਿਮਰਨ ਦੇ ਕੰਮ ਵਿਚ ਪੂਰਾ ਹੈ ਉਹ ਹੈ ਅਸਲ ਬ੍ਰਾਹਮਣ, ਉਸ ਦੀ ਸੰਗਤ ਵਿਚ (ਹੋਰਨਾਂ ਦਾ ਭੀ) ਉੱਧਾਰ ਹੋ ਸਕਦਾ ਹੈ।
58081	1360	ਆਤਮ ਰਤੰ ਸੰਸਾਰ ਗਹੰ ਤੇ ਨਰ ਨਾਨਕ ਨਿਹਫਲਹ॥੬੫॥	ਰੱਤੰ। ਨਿਹ-ਫਲਹ	Aatham Rathan Sansaar Gehan Thae Nar Naanak Nihafaleh ||65||	Those whose souls are imbued with the world - O Nanak, their lives are fruitless. ||65||	(ਪਰ) ਹੇ ਨਾਨਕ! ਜਿਨ੍ਹਾਂ ਮਨੁੱਖਾਂ ਦਾ ਮਨ ਸੰਸਾਰ ਵਿਚ ਰੱਤਾ ਹੋਇਆ ਹੈ ਉਹ (ਜਗਤ ਤੋਂ) ਨਿਸਫਲ ਚਲੇ ਜਾਂਦੇ ਹਨ ॥੬੫॥
58082	1360	ਪਰ ਦਰਬ ਹਿਰਣੰ ਬਹੁ ਵਿਘਨ ਕਰਣੰ ਉਚਰਣੰ ਸਰਬ ਜੀਅਕਹ॥	(ਉਚਰ-ਣੰ) ਮੰਗਦਾ ਹੈ। (ਜੀਅਕਹ) ਜੀਆਂ ਪਾਸੋਂ।ਮੰਗਤਾ	Par Dharab Hiranan Bahu Vighan Karanan Oucharanan Sarab Jeea Keh ||	The mortal steals the wealth of others, and makes all sorts of problems; his preaching is only for his own livelihood.	ਜੋ ਮਨੁੱਖ ਆਪਣੀ ਜਿੰਦ ਪਾਲਣ ਦੀ ਖ਼ਾਤਰ ਪਰਾਇਆ ਧਨ ਚੁਰਾਂਦੇ ਹਨ, ਹੋਰਨਾਂ ਦੇ ਕੰਮਾਂ ਵਿਚ ਰੋੜਾ ਅਟਕਾਂਦੇ ਹਨ, ਕਈ ਕਿਸਮਾਂ ਦੇ ਬੋਲ ਬੋਲਦੇ ਹਨ,

58083	1360	ਲਉ ਲਈ ਤ੍ਰਿਸਨਾ ਅਤਿਪਤਿ ਮਨ ਮਾਏ ਕਰਮ ਕਰਤ ਸ ਸੂਕਰਹ॥੬੬॥	(ਤ੍ਰਿਸਨਾ) ਕਰਕੇ ਇਹ ਪਦਾਰਥ ਖੋਹ (ਲਉ) ਉਹ ਲੈ (ਲਈ) ਲਵਾਂ, ਖੋਹ ਖਿੰਝ ਕਰਦਾ ਹੈ।(ਅ-ਤਿਪਤਿ) ਤ੍ਰਿਪਤੀ ਰਹਿਤ। (ਸਾਕਤ) ਸੂਕਰਹ ਸੂਰਾਂ ਦੀ ਨਿਆਈਂ ਮੰਦ ਕਰਮ ਰੂਪੀ ਮੈਲ਼ ਖਾਂਦਾ ਹੈ। (ਦੂਜਾ ਪਾਠ: ਸਸੂਕਰਹ)	Lo Lee Thrisanaa Athipath Man Maaeae Karam Karath S Sookareh ||66||	His desire for this and that is not satisfied; his mind is caught in Maya, and he is acting like a pig. ||66||	ਜਿਨ੍ਹਾਂ ਦੇ ਮਨ ਵਿਚ (ਸਦਾ) ਮਾਇਆ ਦੀ ਭੁੱਖ ਹੈ, ਤ੍ਰਿਸ਼ਨਾ ਦੇ ਅਧੀਨ ਹੋ ਕੇ (ਹੋਰ ਮਾਇਆ) ਲੈ ਲਵਾਂ ਲੈ ਲਵਾਂ (ਹੀ ਸੋਚਦੇ ਰਹਿੰਦੇ ਹਨ), ਉਹ ਬੰਦੇ ਸੂਰਾਂ ਵਾਲੇ ਕੰਮ ਕਰਦੇ ਹਨ (ਸੂਰ ਸਦਾ ਗੰਦ ਹੀ ਖਾਂਦੇ ਹਨ) ॥੬੬॥
58084	1360	ਮਤੇ ਸਮੇਵ ਚਰਣੰ ਉਧਰਣੰ ਭੈ ਦੁਤਰਹ॥	(ਮੱਤੇ) ਮਸਤ (ਸਮੇਵ) ਨਿਸਚੇ ਕਰਕੇ। ਮੱਤੇ। ਉਧਰ-ਣੰ। ਦੁੱਤ-ਰਹ	Mathae Samaev Charanan Oudhharanan Bhai Dhuthareh ||	Those who are intoxicated and absorbed in the Lord's Lotus Feet are saved from the terrifying world-ocean.	ਜੋ ਮਨੁੱਖ (ਪ੍ਰਭੂ-ਯਾਦ ਵਿਚ) ਮਸਤ ਹੋ ਕੇ (ਪ੍ਰਭੂ-ਚਰਨਾਂ ਵਿਚ) ਲੀਨ ਰਹਿੰਦੇ ਹਨ, ਉਹ ਭਿਆਨਕ ਤੇ ਦੁੱਤਰ (ਸੰਸਾਰ) ਤੋਂ ਪਾਰ ਲੰਘ ਜਾਂਦੇ ਹਨ।
58085	1360	ਅਨੇਕ ਪਾਤਿਕ ਹਰਣੰ ਨਾਨਕ ਸਾਧਸੰਗਮ ਨ ਸੰਸਯਹ॥੬੭॥੪॥	(ਸਾਧਸੰਗਮ) ਇਕੱਤ੍ਰਤਾ (ਪਾਤਿਕ) ਪਾਪਾਂ ਦਾ (ਹਰਣੰ) ਨਾਸ ਕਰਨ ਵਾਲੀ ਹੈ। ਸੰਸ-ਯਹ: ਯ ਤਾਲੂ ਤੋਂ ਬੋਲੋ।	Anaek Paathik Haranan Naanak Saadhh Sangam N Sansayeh ||67||4||	Countless sins are destroyed, O Nanak, in the Saadh Sangat, the Company of the Holy; there is no doubt about this. ||67||4||	ਹੇ ਨਾਨਕ! ਇਸ ਵਿਚ (ਰਤਾ ਭੀ) ਸ਼ੱਕ ਨਹੀਂ ਕਿ ਅਜੇਹੇ ਗੁਰਮੁਖਾਂ ਦੀ ਸੰਗਤ ਅਨੇਕਾਂ ਪਾਪ ਦੂਰ ਕਰਨ ਦੇ ਸਮਰੱਥ ਹੈ ॥੬੭॥੪॥
58086	1360	ਮਹਲਾ ੫ ਗਾਥਾ		Mehalaa 5 Gaathhaa	Fifth Mehl, Gaat'haa:	ਗੁਰੂ ਅਰਜਨਦੇਵ ਜੀ ਦੀ ਬਾਣੀ 'ਗਾਥਾ' (ਕਥਾ)।

58087	1360	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
58088	1360	ਕਰਪੂਰ ਪੁਹਪ ਸੁਗੰਧਾ ਪਰਸ ਮਾਨੁਖ੍ਯ ਦੇਹੰ ਮਲੀਣੰ॥	(ਕਰਪੂਰ) ਮੁਸ਼ਕ ਕਪੂਰ। (ਪੁਹਪ) ਫ਼ੁੱਲ। (ਸੁਗੰਧਾ) ਸੁਗੰਧੀਆਂ। (ਪਰਸ) ਲੱਗ ਕੇ। ਮਾਨੁਖ੍ਯ: ਮਾਨੁੱਖਿਅ	Karapoor Puhap Sugandhhaa Paras Maanukhy Dhaehan Maleenan ||	Camphor, flowers and perfume become contaminated, by coming into contact with the human body.	ਮੁਸ਼ਕ-ਕਪੂਰ, ਫੁੱਲ ਅਤੇ ਹੋਰ ਸੁਗੰਧੀਆਂ ਮਨੁੱਖ ਦੇ ਸਰੀਰ ਨੂੰ ਛੁਹ ਕੇ ਮੈਲੀਆਂ ਹੋ ਜਾਂਦੀਆਂ ਹਨ।
58089	1360	ਮਜਾ ਰੁਧਿਰ ਦੁਰੰਗੰਧਾ ਨਾਨਕ ਅਥਿ ਗਰਬੇਣ ਅਗ੍ਯਾਨਣੋ॥੧॥	(ਮੱਜਾ) ਮਿੱਝ (ਰੁਧਿਰ) ਲਹੂ। ਭੈੜਾ (ਦ-ੁਰੰਗੰਧਾ) ਗੰਦਾ (ਅਥਿ) ਐਸੇ ਸ਼੍ਰੀਰ ਤੇ। ਅਥਿ: ਪੋਲਾ ਬੋਲੋ। ਅਗ੍ਯਾਨਣੋ: ਅਗਿਆਨਣੋ	Majaa Rudhhir Dhraagandhhaa Naanak Athh Garabaen Agyaanano ||1||	O Nanak, the ignorant one is proud of his foul-smelling marrow, blood and bones. ||1||	(ਮਨੁੱਖ ਦੇ ਸਰੀਰ ਵਿਚ) ਮਿੱਝ ਲਹੂ ਅਤੇ ਹੋਰ ਦੁਰਗੰਧੀਆਂ ਹਨ; ਫਿਰ ਭੀ, ਹੇ ਨਾਨਕ! ਅਗਿਆਨੀ ਮਨੁੱਖ (ਇਸ ਸਰੀਰ ਦਾ) ਮਾਣ ਕਰਦਾ ਹੈ ॥੧॥
58090	1360	ਪਰਮਾਣੋ ਪਰਜੰਤ ਆਕਾਸਹ ਦੀਪ ਲੋਅ ਸਿ ਖੰਡਣਹ॥	ਅਤਿਅੰਤ (ਪਰਮਾਣੋ) ਬ੍ਰੀਕ ਤੋਂ ਬ੍ਰੀਕ ਕ੍ਰਿਮ, ਜੋ ਖ਼ੁਰਦਬੀਨ ਨਾਲ ਵੀ ਨਹੀਂ ਦਿਸਦੇ। (ਪਰਜੰਤ) ਤੱਕ ਸਿ ਓਹ (ਖੰਡਣਹ) ਨਾਸ਼ਵੰਤ	Paramaano Parajanth Aakaaseh Dheep Loa Sikhanddaneh ||	Even if the mortal could reduce himself to the size of an atom, and shoot through the ethers,	ਹੇ ਨਾਨਕ! ਜੇ ਮਨੁੱਖ ਅੱਤ ਛੋਟਾ ਅਣੂ ਬਣ ਕੇ ਅਕਾਸ਼ਾਂ ਤਕ ਸਾਰੇ ਦੀਪਾਂ ਲੋਕਾਂ ਅਤੇ ਪਹਾੜਾਂ ਉਪਰ-
58091	1360	ਗਛੇਣ ਨੈਣ ਭਾਰੇਣ ਨਾਨਕ ਬਿਨਾ ਸਾਧੂ ਨ ਸਿਧ੍ਯਤੇ॥੨॥	(ਗਛੇਣ) ਜਾ ਆਵੇ। ਅੱਖ ਦੇ ਖੋਲ੍ਹਣ (ਭਾਰੇਣ) ਮੀਚਣ ਜਿੰਨਾ ਚਿਰ। ਸਿਧ੍ਯਤੇ: ਸਿੱਧਿਅਤੇ। (ਸਿਧ੍ਯਤੇ) ਮੁਕਤ	Gashhaen Nain Bhaaraen Naanak Binaa Saadhhoo N Sidhhyathae ||2||	Worlds and realms in the blink of an eye, O Nanak, without the Holy Saint, he shall not be saved. ||2||	ਅੱਖ ਦੇ ਇਕ ਫੋਰ ਵਿਚ ਹੀ ਹੋ ਆਵੇ, (ਇਤਨੀ ਸਿੱਧੀ ਹੁੰਦਿਆਂ ਭੀ) ਗੁਰੂ ਤੋਂ ਬਿਨਾਂ ਉਸ ਦਾ ਜੀਵਨ ਸਫਲ ਨਹੀਂ ਹੁੰਦਾ ॥੨॥

58092	1360	ਜਾਣੋ ਸਤਿ ਹੋਵੰਤੋ ਮਰਣੋ ਦ੍ਰਿਸਟੇਣ ਮਿਥਿਆ॥		Jaano Sath Hovantho Marano Dhrisattaen Mithhiaa ||	Know for sure that death will come; whatever is seen is false.	ਮੌਤ ਦਾ ਆਉਣਾ ਅਟੱਲ ਸਮਝੋ, ਇਹ ਦਿੱਸਦਾ ਜਗਤ (ਜ਼ਰੂਰ) ਨਾਸ ਹੋਣ ਵਾਲਾ ਹੈ (ਇਸ ਵਿਚੋਂ ਕਿਸੇ ਨਾਲ ਸਾਥ ਨਹੀਂ ਨਿਭਦਾ)।
58093	1360	ਕੀਰਤਿ ਸਾਥਿ ਚਲੰਥੋ ਭਣੰਤਿ ਨਾਨਕ ਸਾਧਸੰਗੇਣ॥੩॥		Keerath Saathh Chalanthho Bhananth Naanak Saadhh Sangaen ||3||	So chant the Kirtan of the Lord's Praises in the Saadh Sangat, the Company of the Holy; this alone shall go along with you in the end. ||3||	ਨਾਨਕ ਆਖਦਾ ਹੈ ਕਿ ਸਾਧ ਸੰਗਤ ਦੇ ਆਸਰੇ ਕੀਤੀ ਹੋਈ ਪਰਮਾਤਮਾ ਦੀ ਸਿਫ਼ਤ-ਸਾਲਾਹ ਹੀ (ਮਨੁੱਖ) ਦੇ ਨਾਲ ਜਾਂਦੀ ਹੈ ॥੩॥
58094	1360	ਮਾਯਾ ਚਿਤ ਭਰਮੇਣ ਇਸਟ ਮਿਤ੍ਰੇਖੁ ਬਾਂਧਵਹ॥	ਮਾ-ਯਾ: ਯਾ ਤਾਲੂ ਤੋਂ ਬੋਲ	Maayaa Chith Bharamaen Eisatt Mithraekh Baandhhaveh ||	The consciousness wanders lost in Maya, attached to friends and relatives.	ਮਾਇਆ (ਮਨੁੱਖ ਦੇ) ਮਨ ਨੂੰ ਪਿਆਰੇ ਮਿਤ੍ਰਾਂ ਸੰਬੰਧੀਆਂ (ਦੇ ਮੋਹ) ਵਿਚ ਭਟਕਾਂਦੀ ਰਹਿੰਦੀ ਹੈ। (ਤੇ, ਭਟਕਣਾਂ ਦੇ ਕਾਰਨ ਇਸ ਨੂੰ ਸੁਖ ਨਹੀਂ ਮਿਲਦਾ)।
58095	1360	ਲਬਧ੍ਯੰ ਸਾਧਸੰਗੇਣ ਨਾਨਕ ਸੁਖ ਅਸਥਾਨੰ ਗੋਪਾਲ ਭਜਣੰ॥੪॥	ਲਬਧ੍ਯੰ: ਲੱਬਧਿਅੰ	Labadhhyan Saadhh Sangaen Naanak Sukh Asathhaanan Gopaal Bhajanan ||4||	Vibrating and meditating on the Lord of the Universe in the Saadh Sangat, O Nanak, the eternal place of rest is found. ||4||	ਹੇ ਨਾਨਕ! ਸੁਖ ਮਿਲਣ ਦਾ ਥਾਂ (ਕੇਵਲ) ਪਰਮਾਤਮਾ ਦਾ ਭਜਨ ਹੀ ਹੈ, ਜੋ ਸਾਧ ਸੰਗਤ ਦੀ ਰਾਹੀਂ ਮਿਲ ਸਕਦਾ ਹੈ ॥੪॥
58096	1360	ਮੈਲਾਗਰ ਸੰਗੇਣ ਨਿੰਮੁ ਬਿਰਖ ਸਿ ਚੰਦਨਹ॥		Mailaagar Sangaen Ninm Birakh S Chandhaneh ||	The lowly nim tree, growing near the sandalwood tree, becomes just like the sandalwood tree.	ਚੰਦਨ ਦੀ ਸੰਗਤ ਨਾਲ ਨਿੰਮ ਦਾ ਰੁੱਖ ਚੰਦਨ ਹੀ ਹੋ ਜਾਂਦਾ ਹੈ,

58097	1360	ਨਿਕਟਿ ਬਸੰਤੋ ਬਾਂਸੋ ਨਾਨਕ ਅਹੰਬੁਧਿ ਨ ਬੋਹ ਤੇ॥੫॥	ਬੋਹ (ਸੁਗੰਧੀ) ਵਾਲਾ ਨਹੀਂ ਹੁੰਦਾ। ਤੇ ਓਹ। (ਦੂਜਾ ਪਾਠ: ਬੋਹਤੇ)	Nikatt Basantho Baanso Naanak Ahan Budhh N Bohathae ||5||	But the bamboo tree, also growing near it, does not pick up its fragrance; it is too tall and proud. ||5||	ਪਰ, ਹੇ ਨਾਨਕ! ਚੰਦਨ ਦੇ ਨੇੜੇ ਵੱਸਦਾ ਬਾਂਸ ਆਪਣੀ ਆਕੜ ਦੇ ਕਾਰਨ ਸੁਗੰਧੀ ਵਾਲਾ ਨਹੀਂ ਬਣਦਾ ॥੫॥
58098	1360	ਗਾਥਾ ਗੁੰਫ ਗੋਪਾਲ ਕਥੰ ਮਥੰ ਮਾਨ ਮਰਦਨਹ॥	ਗਾਥਾ:ਪੋਲਾ ਬੋਲੋ। (ਗਾਥਾ) ਕਥਾ (ਗੁੰਫ) ਗੁੰਦਨਾ ਕੀਤੀ ਹੈ। (ਮਥੰ) ਵੀਚਾਰਨੇ ਕਰਕੇ। (ਮਰਦਨਹ) ਨਾਸ ਕਰਦੀ ਹੈ	Gaathhaa Gunf Gopaal Kathhan Mathhan Maan Maradhaneh ||	In this Gaat'haa, the Lord's Sermon is woven; listening to it, pride is crushed.	ਪਰਮਾਤਮਾ ਦੀ ਸਿਫ਼ਤ-ਸਾਲਾਹ ਦੀਆਂ ਕਹਾਣੀਆਂ ਦਾ ਗੁੰਦਣ ਮਨੁੱਖ ਦੇ ਅਹੰਕਾਰ ਨੂੰ ਕੁਚਲ ਦੇਂਦਾ ਹੈ ਨਾਸ ਕਰ ਦੇਂਦਾ ਹੈ।
58099	1360	ਹਤੰ ਪੰਚ ਸਤ੍ਰੇਣ ਨਾਨਕ ਹਰਿ ਬਾਣੇ ਪ੍ਰਹਾਰਣਹ॥੬॥	ਸੱਤ੍ਰੇਣ। ਪ੍ਰਹਾਰ-ਣਹ	Hathan Panch Sathraen Naanak Har Baanae Prehaaraneh ||6||	The five enemies are killed, O Nanak, by shooting the Arrow of the Lord. ||6||	ਹੇ ਨਾਨਕ! ਪਰਮਾਤਮਾ (ਦੀ ਸਿਫ਼ਤ-ਸਾਲਾਹ) ਦਾ ਤੀਰ ਚਲਾਇਆਂ (ਕਾਮਾਦਿਕ) ਪੰਜੇ ਵੈਰੀ ਨਾਸ ਹੋ ਜਾਂਦੇ ਹਨ ॥੬॥
58100	1360	ਬਚਨ ਸਾਧ ਸੁਖ ਪੰਥਾ ਲਹੰਥਾ ਬਡ ਕਰਮਣਹ॥	ਬੱਡ ਕਰਮ-ਣਹ	Bachan Saadhh Sukh Panthhaa Lehanthhaa Badd Karamaneh ||	The Words of the Holy are the path of peace. They are obtained by good karma.	ਗੁਰੂ ਦੇ (ਪਰਮਾਤਮਾ ਦੀ ਸਿਫ਼ਤ-ਸਾਲਾਹ ਦੇ) ਬਚਨ ਸੁਖ ਦਾ ਰਸਤਾ ਹਨ, ਪਰ ਇਹ ਬਚਨ ਭਾਗਾਂ ਨਾਲ ਮਿਲਦੇ ਹਨ।
58101	1360	ਰਹੰਤਾ ਜਨਮ ਮਰਣੇਨ ਰਮਣੰ ਨਾਨਕ ਹਰਿ ਕੀਰਤਨਹ॥੭॥	ਮਰ-ਣੇਨ	Rehanthaa Janam Maranaen Ramanan Naanak Har Keerathaneh ||7||	The cycle of birth and death is ended, O Nanak, singing the Kirtan of the Lord's Praises. ||7||	ਹੇ ਨਾਨਕ! ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨ ਨਾਲ ਜਨਮ ਮਰਨ (ਦਾ ਗੇੜ) ਮੁੱਕ ਜਾਂਦਾ ਹੈ ॥੭॥

58102	1360	ਪਤ੍ਰ ਭੁਰਿਜੇਣ ਝੜੀਯੰ ਨਹ ਜੜੀਅੰ ਪੇਡ ਸੰਪਤਾ॥	(ਭੁਰਿਜੇਣ) ਪੱਤਝੜ, ਸਿਸਰ ਰੁੱਤ। ਝੜੀ-ਯੰ: ਯੰ ਤਾਲੂ ਤੋਂ ਬੋਲੋ। (ਝੜੀ-ਯੰ) ਝੜ੍ ਜਾਂਦੇ ਹਨ। (ਪੇਡ) ਬ੍ਰਿਛ (ਸੰਪਤਾ) ਟਾਹਣੀਆਂ। ਪੱਤ੍ਰ	Pathr Bhurijaen Jharreeyan Neh Jarreean Paedd Sanpathaa ||	When the leaves wither and fall, they cannot be attached to the branch again.	(ਜਿਵੇਂ ਰੁਖ ਦੇ) ਪੱਤ੍ਰ ਭੁਰ ਭੁਰ ਕੇ (ਰੁੱਖ ਨਾਲੋਂ) ਝੜ ਜਾਂਦੇ ਹਨ, (ਤੇ ਮੁੜ ਰੁੱਖ ਦੀਆਂ ਸ਼ਾਖਾਂ ਨਾਲ ਜੁੜ ਨਹੀਂ ਸਕਦੇ,
58103	1360	ਨਾਮ ਬਿਹੂਣ ਬਿਖਮਤਾ ਨਾਨਕ ਬਹੰਤਿ ਜੋਨਿ ਬਾਸਰੋ ਰੈਣੀ॥੮॥	(ਬਹੰਤਿ) ਰੁੜ੍ਹਿਆ ਰਹਿੰਦਾ ਹੈ	Naam Bihoon Bikhamathaa Naanak Behanth Jon Baasaro Rainee ||8||	Without the Naam, the Name of the Lord, O Nanak, there is misery and suffering. The mortal wanders in reincarnation day and night. ||8||	(ਤਿਵੇਂ) ਹੇ ਨਾਨਕ! ਨਾਮ ਤੋਂ ਵਾਂਜੇ ਹੋਏ ਮਨੁੱਖ ਦੁੱਖ ਸਹਾਰਦੇ ਹਨ ਤੇ, ਦਿਨ ਰਾਤ (ਹੋਰ ਹੋਰ) ਜੂਨਾਂ ਵਿਚ ਪਏ ਭਟਕਦੇ ਹਨ ॥੮॥
58104	1360	ਭਾਵਨੀ ਸਾਧਸੰਗੇਣ ਲਭੰਤੰ ਬਡਭਾਗਣਹ॥	ਲ-ਭੰਤੰ ਬੱਡਭਾਗ-ਣਹ	Bhaavanee Saadhh Sangaen Labhanthan Badd Bhaaganeh ||	One is blessed with love for the Saadh Sangat, the Company of the Holy, by great good fortune.	ਸਾਧ ਸੰਗਤ ਰਾਹੀਂ (ਪਰਮਾਤਮਾ ਦੇ ਨਾਮ ਵਿਚ) ਸਰਧਾ ਵੱਡੇ ਭਾਗਾਂ ਨਾਲ ਮਿਲਦੀ ਹੈ।
58105	1360	ਹਰਿ ਨਾਮ ਗੁਣ ਰਮਣੰ ਨਾਨਕ ਸੰਸਾਰ ਸਾਗਰ ਨਹ ਬਿਆਪਣਹ॥੯॥	ਬਿਆਪ-ਣਹ	Har Naam Gun Ramanan Naanak Sansaar Saagar Neh Biaapaneh ||9||	Whoever sings the Glorious Praises of the Lord's Name, O Nanak, is not affected by the world-ocean. ||9||	ਹੇ ਨਾਨਕ! ਪਰਮਾਤਮਾ ਦੇ ਨਾਮ ਤੇ ਗੁਣਾਂ ਦੀ ਯਾਦ ਨਾਲ ਸੰਸਾਰ-ਸਮੁੰਦਰ (ਜੀਵ ਉਤੇ) ਆਪਣਾ ਜ਼ੋਰ ਨਹੀਂ ਪਾ ਸਕਦਾ ॥੯॥

58106	1360	ਗਾਥਾ ਗੂੜ ਅਪਾਰੰ ਸਮਝਣੰ ਬਿਰਲਾ ਜਨਹ॥	ਗੱਾਥਾ	Gaathhaa Goorr Apaaran Samajhanan Biralaa Janeh ||	This Gaat'haa is profound and infinite; how rare are those who understand it.	ਬੇਅੰਤ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਇਕ ਡੂੰਘੀ (ਰਮਜ਼ ਵਾਲਾ) ਕੰਮ ਹੈ, ਇਸ ਨੂੰ ਕੋਈ ਵਿਰਲਾ ਮਨੁੱਖ ਸਮਝਦਾ ਹੈ।
58107	1360	ਸੰਸਾਰ ਕਾਮ ਤਜਣੰ ਨਾਨਕ ਗੋਬਿੰਦ ਰਮਣੰ ਸਾਧਸੰਗਮਹ॥੧੦॥		Sansaar Kaam Thajanan Naanak Gobindh Ramanan Saadhh Sangameh ||10||	They forsake sexual desire and worldly love, O Nanak, and praise the Lord in the Saadh Sangat. ||10||	ਹੇ ਨਾਨਕ! ਸਤਸੰਗ ਵਿਚ ਰਹਿ ਕੇ ਪਰਮਾਤਮਾ ਦਾ ਸਿਮਰਨ ਕੀਤਿਆਂ ਦੁਨੀਆ ਦੀਆਂ ਵਾਸਨਾਂ ਤਿਆਗੀਆਂ ਜਾ ਸਕਦੀਆਂ ਹਨ ॥੧੦॥
58108	1360	ਸੁਮੰਤ੍ਰ ਸਾਧ ਬਚਨਾ ਕੋਟਿ ਦੋਖ ਬਿਨਾਸਨਹ॥	ਸੁ-ਮੰਤ੍ਰ। ਬਿਨਾਸ-ਨਹ	Sumanthr Saadhh Bachanaa Kott Dhokh Binaasaneh ||	The Words of the Holy are the most sublime Mantra. They eradicate millions of sinful mistakes.	ਗੁਰੂ ਦੇ ਬਚਨ (ਐਸੇ) ਸ੍ਰੇਸ਼ਟ ਮੰਤ੍ਰ ਹਨ (ਜੋ) ਕ੍ਰੋੜਾਂ ਪਾਪਾਂ ਦਾ ਨਾਸ ਕਰ ਦੇਂਦੇ ਹਨ।
58109	1360	ਹਰਿ ਚਰਣਕਮਲ ਧ੍ਯਾਨੰ ਨਾਨਕ ਕੁਲ ਸਮੂਹ ਉਧਾਰਣਹ॥੧੧॥	ਧ੍ਯਾਨੰ: ਧਿਆਨੰ। ਉਧਾਰ-ਣਹ	Har Charan Kamal Dhhyaanan Naanak Kul Samooh Oudhhaaraneh ||11||	Meditating on the Lotus Feet of the Lord, O Nanak, all one's generations are saved. ||11||	ਹੇ ਨਾਨਕ! (ਉਹਨਾਂ ਬਚਨਾਂ ਦੀ ਰਾਹੀਂ) ਪ੍ਰਭੂ ਦੇ ਕੌਲ ਫੁੱਲਾਂ ਵਰਗੇ ਸੋਹਣੇ ਚਰਨਾਂ ਦਾ ਧਿਆਨ ਸਾਰੀਆਂ ਕੁਲਾਂ ਦਾ ਉੱਧਾਰ ਕਰ ਦੇਂਦਾ ਹੈ ॥੧੧॥

58110	1360	ਸੁੰਦਰ ਮੰਦਰ ਸੈਣਹ ਜੇਣ ਮਧ੍ਯ ਹਰਿ ਕੀਰਤਨਹ॥	ਮਧ੍ਯ: ਮਧਿਅ, ਪੋਲਾ ਬੋਲੋ	Sundhar Mandhar Saineh Jaen Madhhy Har Keerathaneh ||	That palace is beautiful, in which the Kirtan of the Lord's Praises are sung.	ਉਹਨਾਂ ਘਰਾਂ ਵਿਚ ਵੱਸਣਾ ਹੀ ਸੁਹਾਵਣਾ ਹੈ ਜਿਨ੍ਹਾਂ ਵਿਚ ਪਰਮਾਤਮਾ ਦੀ ਸਿਫ਼ਤ-ਸਾਲਾਹ ਹੁੰਦੀ ਹੋਵੇ।
58111	1360	ਮੁਕਤੇ ਰਮਣ ਗੋਬਿੰਦਹ ਨਾਨਕ ਲਬਧ੍ਯੰ ਬਡਭਾਗਣਹ॥੧੨॥	ਲਬਧ੍ਯ: ਲੱਬਧਿਅੰ। ਬੱਡਭਾਗ-ਣਹ	Mukathae Raman Gobindheh Naanak Labadhhyan Badd Bhaaganeh ||12||	Those who dwell on the Lord of the Universe are liberated. O Nanak, only the most fortunate are so blessed. ||12||	ਜੋ ਮਨੁੱਖ ਪਰਮਾਤਮਾ ਦਾ ਸਿਮਰਨ ਕਰਦੇ ਹਨ ਉਹ (ਦੁਨੀਆ ਦੇ ਬੰਧਨਾਂ ਤੋਂ) ਮੁਕਤ ਹੋ ਜਾਂਦੇ ਹਨ। ਪਰ, ਹੇ ਨਾਨਕ! (ਇਹ ਸਿਮਰਨ) ਵੱਡੇ ਭਾਗਾਂ ਨਾਲ ਮਿਲਦਾ ਹੈ ॥੧੨॥
58112	1360	ਹਰਿ ਲਬਧੋ ਮਿਤ੍ਰ ਸੁਮਿਤੋ॥	ਲੱਬ-ਧੋ; ਮਿੱਤ੍ਰ ਸੁਮਿੱਤੋ	Har Labadhho Mithr Sumitho ||	I have found the Lord, my Friend, my very Best Friend.	ਮੈਂ ਉਹ ਸ੍ਰੇਸ਼ਟ ਮਿੱਤ੍ਰ ਪਰਮਾਤਮਾ ਲੱਭ ਲਿਆ ਹੈ,
58113	1360	ਬਿਦਾਰਣ ਕਦੇ ਨ ਚਿਤੋ॥	ਚਿੱਤੋ	Bidhaaran Kadhae N Chitho ||	He shall never break my heart.	ਜੋ ਕਦੇ (ਮੇਰੀ) ਦਿਲ-ਸ਼ਿਕਨੀ ਨਹੀਂ ਕਰਦਾ,
58114	1360	ਜਾ ਕਾ ਅਸਥਲੁ ਤੋਲੁ ਅਮਿਤੋ॥	(ਜਾ) ਜਿਨ੍ਹਾਂ ਕਾ ਦੇ ਪਰਮ ਪਾਕ (ਅਸਥਲੁ) ਅਸਥਾਨ ਨਿਰਗੁਨ ਜੀ ਦਾ ਤੋਲੁ (ਅ-ਮਿਤੋ) ਮਿਣਤੀ ਰਹਿਤ ਹੈ, ਕਿਉਂ ਜੋ, ਖਿਨ ਚ ਉਤਪਤੀ ਪਾਲਣਾ ਲੈਤਾ ਕਰਦਿਆਂ ਨਿਰਲੇਪ ਹਨ। ਤੋਲੁ: ਪੋਲਾ ਬੋਲੋ	Jaa Kaa Asathhal Thol Amitho ||	His dwelling is eternal; His weight cannot be weighed.	ਅਤੇ ਜਿਸ ਦਾ ਟਿਕਾਣਾ ਅਮਿਣਵੇਂ ਤੋਲ ਵਾਲਾ ਹੈ,

58115	1360	ਸੋਈ ਨਾਨਕ ਸਖਾ ਜੀਅ ਸੰਗਿ ਕਿਤੋ॥੧੩॥	ਕਿਤੋ:ਪੋਲਾ ਬੋਲੋ। (ਕਿਤੋ) ਕੀਤੇ ਹਨ। ਸੋਈ: ਹੋੜੇ ਔਂਕੜ ਵਿਚਾਲੇ ਬੋਲੋ	Suoee Naanak Sakhaa Jeea Sang Kitho ||13||	Nanak has made Him the Friend of his soul. ||13||	ਹੇ ਨਾਨਕ! ਮੈਂ ਉਸ (ਪਰਮਾਤਮਾ) ਨੂੰ ਆਪਣੀ ਜਿੰਦ ਨਾਲ ਰਹਿਣ ਵਾਲਾ ਸਾਥੀ ਬਣਾਇਆ ਹੈ ॥੧੩॥
58116	1360	ਅਪਜਸੰ ਮਿਟੰਤ ਸਤ ਪੁਤ੍ਰਹ॥	ਅਪ-ਜਸੰ। ਸੱਤ। ਪੁੱਤ੍ਰਹ	Apajasan Mittanth Sath Puthreh ||	One's bad reputation is erased by a true son,	(ਜਿਵੇਂ) ਚੰਗਾ ਪੁੱਤ੍ਰ ਜੰਮ ਪੈਣ ਨਾਲ ਸਾਰੀ ਕੁਲ ਦੀ ਪਿਛਲੀ ਕੋਈ) ਬਦਨਾਮੀ ਧੁਪ ਜਾਂਦੀ ਹੈ,
58117	1360	ਸਿਮਰਤਬ੍ਯ ਰਿਦੈ ਗੁਰ ਮੰਤ੍ਰਣਹ॥	ਸਿਮਰਤਬ੍ਯ: ਸਿਮਰਤੱਬਿਅ। (ਸਿਮਰਤਬ੍ਯ) ਯਾਦ ਕਰਨ ਲਾਇਕ	Simarathaby Ridhai Gur Manthraneh ||	Who meditates in his heart on the Guru's Mantra.	(ਤਿਵੇਂ ਪਰਲੋਕ ਵਿੱਚ ਬਦਨਾਮੀ ਤੋਂ ਬਚਣ ਲਈ) ਗੁਰੂ ਦਾ ਉਪਦੇਸ਼ ਹਿਰਦੇ ਵਿਚ ਟਿਕਾ ਰੱਖਣਾ ਚਾਹੀਦਾ ਹੈ।
58118	1361	ਪ੍ਰੀਤਮ ਭਗਵਾਨ ਅਚੁਤ॥	(ਅ-ਚੁੱਤ) ਅਬਿਨਾਸੀ	Preetham Bhagavaan Achuth ||	The Beloved Eternal Lord God,	ਅਵਿਨਾਸ਼ੀ ਪਿਆਰੇ ਪਰਮਾਤਮਾ (ਦਾ ਸਿਮਰਨ)-
58119	1361	ਨਾਨਕ ਸੰਸਾਰ ਸਾਗਰ ਤਾਰਣਹ॥੧੪॥		Naanak Sansaar Saagar Thaaraneh ||14||	O Nanak, carries us across the world-ocean. ||14||	ਹੇ ਨਾਨਕ! ਸੰਸਾਰ-ਸਮੁੰਦਰ (ਦੇ ਵਿਕਾਰਾਂ) ਤੋਂ ਬਚਾ ਲੈਂਦਾ ਹੈ ॥੧੪॥
58120	1361	ਮਰਣੰ ਬਿਸਰਣੰ ਗੋਬਿੰਦਹ॥		Maranan Bisaranan Gobindheh ||	It is death to forget the Lord of the Universe.	ਗੋਬਿੰਦ ਨੂੰ ਬਿਸਾਰਨਾ (ਆਤਮਕ) ਮੌਤ ਹੈ।
58121	1361	ਜੀਵਣੰ ਹਰਿ ਨਾਮ ਧ੍ਯਾਵਣਹ॥	ਧਿਆਵ-ਣਹ	Jeevanan Har Naam Dhhyaavaneh ||	It is life to meditate on the Name of the Lord.	ਪਰਮਾਤਮਾ ਦਾ ਨਾਮ ਚੇਤੇ ਰੱਖਣਾ (ਆਤਮਕ) ਜੀਵਨ ਹੈ।

58122	1361	ਲਭਣੰ ਸਾਧਸੰਗੇਣ॥	ਲੱਭਣੰ	Labhanan Saadhh Sangaen ||	The Lord is found in the Saadh Sangat, the Company of the Holy,	(ਪਰ ਪ੍ਰਭੂ ਦਾ ਸਿਮਰਨ) ਸਾਧ ਸੰਗਤ ਵਿਚ-
58123	1361	ਨਾਨਕ ਹਰਿ ਪੂਰਬਿ ਲਿਖਣਹ॥੧੫॥	ਲਿਖ-ਣਹ	Naanak Har Poorab Likhaneh ||15||	O Nanak, by pre-ordained destiny. ||15||	ਹੇ ਨਾਨਕ! ਪੂਰਬਲੇ ਲਿਖੇ ਅਨੁਸਾਰ ਮਿਲਦਾ ਹੈ ॥੧੫॥
58124	1361	ਦਸਨ ਬਿਹੂਨ ਭੁਯੰਗੰ ਮੰਤ੍ਰੰ ਗਾਰੁੜੀ ਨਿਵਾਰੰ॥	(ਦਸਨ) ਦੰਦ। (ਗਾਰੁੜੀ) ਮੰਤ੍ਰ ਸੱਪਾਂ ਦੀ ਜ਼ਹਿਰ ਉਤਾਰਨ ਵਾਲਾ।ਭੁ-ਯੰਗੰ: ਯੰ ਤਾਲੂ ਤੋਂ ਬੋਲ	Dhasan Bihoon Bhuyangan Manthran Gaarurree Nivaaran ||	The snake-charmer, by his spell, neutralizes the poison and leaves the snake without fangs.	(ਜਿਵੇਂ) ਗਰੁੜ-ਮੰਤ੍ਰ ਜਾਨਣ ਵਾਲਾ ਮਨੁੱਖ ਸੱਪ ਨੂੰ ਦੰਦ-ਹੀਣ ਕਰ ਦੇਂਦਾ ਹੈ ਅਤੇ (ਸੱਪ ਦੇ ਜ਼ਹਰ ਨੂੰ) ਮੰਤ੍ਰਾਂ ਨਾਲ ਦੂਰ ਕਰ ਦੇਂਦਾ ਹੈ,
58125	1361	ਬ੍ਯਾਧਿ ਉਪਾੜਣ ਸੰਤੰ॥	ਬਿਆਧਿ	Byaadhh Oupaarran Santhan ||	Just so, the Saints remove suffering;	(ਤਿਵੇਂ) ਸੰਤ ਜਨ (ਮਨੁੱਖ ਦੇ ਆਤਮਕ) ਰੋਗਾਂ ਦਾ ਨਾਸ ਕਰ ਦੇਂਦੇ ਹਨ।
58126	1361	ਨਾਨਕ ਲਬਧ ਕਰਮਣਹ॥੧੬॥		Naanak Labadhh Karamaneh ||16||	O Nanak, they are found by good karma. ||16||	ਪਰ, ਹੇ ਨਾਨਕ! (ਸੰਤਾਂ ਦੀ ਸੰਗਤ) ਭਾਗਾਂ ਨਾਲ ਲੱਭਦੀ ਹੈ ॥੧੬॥
58127	1361	ਜਥ ਕਥ ਰਮਣੰ ਸਰਣੰ ਸਰਬਤ੍ਰ ਜੀਅਣਹ॥	(ਜਥ) ਜਿੱਥੇ (ਕਥ) ਕਿੱਥੇ। ਜਥ ਕਥ: ਪੋਲੇ ਬੋਲੋ। ਸਰਬੱਤ੍ਰ। ਜੀਅ-ਣਹ	Jathh Kathh Ramanan Saranan Sarabathr Jeeaneh ||	The Lord is All-pervading everywhere; He gives Sanctuary to all living beings.	ਜੋ ਪਰਮਾਤਮਾ ਹਰ ਥਾਂ ਵਿਆਪਕ ਹੈ ਅਤੇ ਸਾਰੇ ਜੀਵਾਂ ਦਾ ਆਸਰਾ ਹੈ,
58128	1361	ਤਥ ਲਗਣੰ ਪ੍ਰੇਮ ਨਾਨਕ॥	(ਤਥ) ਤਿਨ੍ਹਾਂ ਨੂੰ ਵਾਹਿਗੁਰੂ ਜੀ ਚ ਪ੍ਰੇਮ ਲੱਗਾ ਹੈ। ਤਥ: ਪੋਲਾ ਬੋਲੋ, ਲੱਗਣੰ	Thathh Laganan Praem Naanak||	The mind is touched by His Love, O Nanak.	ਉਸ ਵਿਚ, ਹੇ ਨਾਨਕ! (ਜੀਵ ਦਾ) ਪਿਆਰ ਬਣਦਾ ਹੈ-

58129	1361	ਪਰਸਾਦੰ ਗੁਰ ਦਰਸਨਹ॥੧੭॥		Parasaadhan Gur Dharasaneh ||17||	By Guru's Grace, and the Blessed Vision of His Darshan. ||17||	ਗੁਰੂ ਦੇ ਦੀਦਾਰ ਦੀ ਬਰਕਤਿ ਨਾਲ ॥੧੭॥
58130	1361	ਚਰਣਾਰਬਿੰਦ ਮਨ ਬਿਧ੍ਯੰ॥	ਬਿਧ੍ਯੰ: ਬਿੱਧਿਅੰ	Charanaarabindh Man Bidhhyan ||	My mind is pierced through by the Lord's Lotus Feet.	(ਜਿਸ ਮਨੁੱਖ ਦਾ) ਮਨ (ਪਰਮਾਤਮਾ ਦੇ) ਸੋਹਣੇ ਚਰਨਾਂ ਵਿਚ ਵਿੱਝਦਾ ਹੈ,
58131	1361	ਸਿਧ੍ਯੰ ਸਰਬ ਕੁਸਲਣਹ॥	ਸਿਧ੍ਯੰ:ਸਿੱਧਿਅੰ	Sidhhyan Sarab Kusalaneh ||	I am blessed with total happiness.	(ਉਸ ਨੂੰ) ਸਾਰੇ ਸੁਖ ਮਿਲ ਜਾਂਦੇ ਹਨ।
58132	1361	ਗਾਥਾ ਗਾਵੰਤਿ ਨਾਨਕ ਭਬ੍ਯੰ ਪਰਾ ਪੂਰਬਣਹ॥੧੮॥	ਭਬ੍ਯੰ: ਭੱਬਿਅੰ। (ਭਬ੍ਯੰ) ਕਥਨ, ਪ੍ਰਸੰਨ ਲੋਕ, ਸ੍ਰੇਸ਼ਟ ਲੋਕ। ਪੂਰਬ-ਣਹ	Gaathhaa Gaavanth Naanak Bhabyan Paraa Poorabaneh ||18||	Holy people have been singing this Gaat'haa, O Nanak, since the very beginning of time. ||18||	ਪਰ, ਹੇ ਨਾਨਕ! ਉਹੀ ਬੰਦੇ ਪਰਮਾਤਮਾ ਦੀ ਸਿਫ਼ਤ-ਸਾਲਾਹ ਗਾਂਦੇ ਹਨ ਜਿਨ੍ਹਾਂ ਦੇ ਪੂਰਬਲੇ ਭਾਗ ਹੋਣ ॥੧੮॥
58133	1361	ਸੁਭ ਬਚਨ ਰਮਣੰ ਗਵਣੰ ਸਾਧਸੰਗੇਣ ਉਧਰਣਹ॥	ਉਧਰ-ਣਹ	Subh Bachan Ramanan Gavanan Saadhh Sangaen Oudhharaneh ||	Chanting and singing the Sublime Word of God in the Saadh Sangat, mortals are saved from the world-ocean.	(ਜੋ ਮਨੁੱਖ) ਸਾਧ ਸੰਗਤ ਵਿਚ ਜਾ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਦੀ ਬਾਣੀ ਉਚਾਰਦੇ ਹਨ, (ਉਹਨਾਂ ਦਾ) ਉੱਧਾਰ ਹੋ ਜਾਂਦਾ ਹੈ।
58134	1361	ਸੰਸਾਰ ਸਾਗਰੰ ਨਾਨਕ ਪੁਨਰਪਿ ਜਨਮ ਨ ਲਭ੍ਯਤੇ॥੧੯॥	ਲਭ੍ਯਤੇ:ਲੱਭਿਅਤੇ	Sansaar Saagaran Naanak Punarap Janam N Labhyathae ||19||	O Nanak, they shall never again be consigned to reincarnation. ||19||	ਹੇ ਨਾਨਕ! ਉਹਨਾਂ ਨੂੰ (ਇਸ) ਸੰਸਾਰ-ਸਮੁੰਦਰ ਵਿਚ ਮੁੜ ਮੁੜ ਜਨਮ ਨਹੀਂ ਲੈਣਾ ਪੈਂਦਾ ॥੧੯॥

58135	1361	ਬੇਦ ਪੁਰਾਣ ਸਾਸਤ੍ਰ ਬੀਚਾਰੰ॥		Baedh Puraan Saasathr Beechaaran ||	People contemplate the Vedas, Puraanas and Shaastras.	ਜੇਹੜਾ ਕੋਈ ਮਨੁੱਖ ਵੇਦ ਪੁਰਾਣ ਸ਼ਾਸਤ੍ਰ (ਆਦਿਕ ਧਰਮ-ਪੁਸਤਕਾਂ ਨੂੰ) ਵਿਚਾਰ ਕੇ-
58136	1361	ਏਕੰਕਾਰ ਨਾਮ ਉਰ ਧਾਰੰ॥		Eaekankaar Naam Our Dhhaaran ||	But by enshrining in their hearts the Naam, the Name of the One and Only Creator of the Universe,	ਇੱਕ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਂਦਾ ਹੈ,
58137	1361	ਕੁਲਹ ਸਮੂਹ ਸਗਲ ਉਧਾਰੰ॥		Kuleh Samooh Sagal Oudhhaaran ||	Everyone can be saved.	ਉਹ ਆਪਣੀਆਂ ਅਨੇਕਾਂ ਸਾਰੀਆਂ ਕੁਲਾਂ ਨੂੰ (ਵੀ) ਤਾਰ ਲੈਂਦਾ ਹੈ,
58138	1361	ਬਡਭਾਗੀ ਨਾਨਕ ਕੋ ਤਾਰੰ॥੨੦॥		Baddabhaagee Naanak Ko Thaaran ||20||	By great good fortune, O Nanak, a few cross over like this. ||20||	ਅਤੇ ਹੇ ਨਾਨਕ! ਉਹ ਕੋਈ (ਵਿਰਲਾ) ਵੱਡੇ ਭਾਗਾਂ ਵਾਲਾ ਮਨੁੱਖ (ਆਪ ਵੀ) ਤਰ ਜਾਂਦਾ ਹੈ ॥੨੦॥
58139	1361	ਸਿਮਰਣੰ ਗੋਬਿੰਦ ਨਾਮੰ ਉਧਰਣੰ ਕੁਲ ਸਮੂਹਣਹ॥	ੳ-ਧਰਣੰ,ਸਮੂਹ-ਣਹ	Simaranan Gobindh Naaman Oudhharanan Kul Samoohaneh ||	Meditating in remembrance on the Naam, the Name of Lord of the Universe, all one's generations are saved.	ਗੋਬਿੰਦ ਦਾ ਨਾਮ ਸਿਮਰਿਆਂ ਸਾਰੀਆਂ ਕੁਲਾਂ ਦਾ ਉੱਧਾਰ ਹੋ ਜਾਂਦਾ ਹੈ,

58140	1361	ਲਬਧਿਅੰ ਸਾਧਸੰਗੇਣ ਨਾਨਕ ਵਡਭਾਗੀ ਭੇਟੰਤਿ ਦਰਸਨਹ॥੨੧॥	ਲਬ-ਧਿਅੰ	Labadhhian Saadhh Sangaen Naanak Vaddabhaagee Bhaettanth Dharasaneh ||21||	It is obtained in the Saadh Sangat, the Company of the Holy. O Nanak, by great good fortune, the Blessed Vision of His Darshan is seen. ||21||	ਪਰ (ਗੋਬਿੰਦ ਦਾ ਨਾਮ) ਹੇ ਨਾਨਕ! ਸਾਧ ਸੰਗਤ ਵਿਚ ਮਿਲਦਾ ਹੈ, (ਤੇ, ਸਾਧ ਸੰਗਤ ਦਾ) ਦਰਸਨ ਵਡੇ ਭਾਗਾਂ ਵਾਲੇ (ਬੰਦੇ) ਕਰਦੇ ਹਨ ॥੨੧॥
58141	1361	ਸਰਬ ਦੋਖ ਪਰੰਤਿਆਗੀ ਸਰਬ ਧਰਮ ਦ੍ਰਿੜੰਤਣਃ॥	ਪਰੰ-ਤਿਆਗੀ। ਦ੍ਰਿੜੰਤਣਃ : ਦੋ ਗੋਲ ਬਿੰਦੀਆਂ ਵਿੱਚ ਖਾਲੀ ਜਗ੍ਹਾ ਨੂੰ ਵਸਰਗਾਂ ਕਹਿੰਦੇ ਹਨ, ਇਨ੍ਹਾਂ ਨੂੰ ਹਾਹਾ ਪੜ੍ਹੋ ਦ੍ਰਿੜੰਤ-ਣਹ)। (ਪਰੰ-ਤਿਆਗੀ) (ਪਰੰ) ਵਿਸ਼ੇਸ਼ ਕਰਕੇ ਤਿਆਗੀ ਹਨ	Sarab Dhokh Paranthiaagee Sarab Dharam Dhrirranthana ||	Abandon all your evil habits, and implant all Dharmic faith within.	ਹੇ ਨਾਨਕ! ਸਾਰੇ ਵਿਕਾਰ ਚੰਗੀ ਤਰ੍ਹਾਂ ਤਿਆਗ ਦੇਣੇ ਅਤੇ ਧਰਮ ਨੂੰ ਪੱਕੀ ਤਰ੍ਹਾਂ (ਹਿਰਦੇ ਵਿਚ) ਟਿਕਾਣਾ-
58142	1361	ਲਬਧੇਣਿ ਸਾਧਸੰਗੇਣਿ ਨਾਨਕ ਮਸਤਕਿ ਲਿਖ੍ਯਣਃ॥੨੨॥	ਲੱਬ-ਧੇਣਿ। ਲਿਖ੍ਯਣਃ :ਲਿਖਿ-ਅਣਹ	Labadhhaen Saadhh Sangaen Naanak Masathak Likhyana ||22||	The Saadh Sangat, the Company of the Holy, is obtained, O Nanak, by those who have such destiny written upon their foreheads. ||22||	(ਇਹ ਦਾਤ ਉਸ ਬੰਦੇ ਨੂੰ) ਸਾਧ ਸੰਗਤ ਵਿਚ ਮਿਲਦੀ ਹੈ (ਜਿਸ ਦੇ) ਮੱਥੇ ਉਤੇ (ਚੰਗਾ) ਲੇਖ ਲਿਖਿਆ ਹੋਵੇ ॥੨੨॥

58143	1361	ਹੋਯੋ ਹੈ ਹੋਵੰਤੋ ਹਰਣ ਭਰਣ ਸੰਪੂਰਣਃ॥	ਸੰਪੂਰਣਃ :ਸੰ-ਪੂਰਣਹ। ਹੋ-ਯੋ: ਯੋ ਤਾਲੂ ਤੋਂ ਬੋਲ	Hoyo Hai Hovantho Haran Bharan Sanpoorana ||	God was, is, and shall always be. He sustains and destroys all.	ਜੋ ਪਰਮਾਤਮਾ ਭੂਤ ਵਰਤਮਾਨ ਭਵਿੱਖਤ ਵਿਚ ਸਦਾ ਹੀ ਥਿਰ ਰਹਿਣ ਵਾਲਾ ਹੈ, ਜੋ ਸਭ ਜੀਵਾਂ ਨੂੰ ਨਾਸ ਕਰਨ ਵਾਲਾ ਹੈ ਸਭ ਦਾ ਪਾਲਣ ਵਾਲਾ ਹੈ ਅਤੇ ਸਭ ਵਿਚ ਵਿਆਪਕ ਹੈ,
58144	1361	ਸਾਧੂ ਸਤਮ ਜਾਣੋ ਨਾਨਕ ਪ੍ਰੀਤਿ ਕਾਰਣੰ॥੨੩॥	ਅਤਿਅੰਤ (ਸਤਮ) ਉੱਤਮ	Saadhhoo Satham Jaano Naanak Preeth Kaaranan ||23||	Know that these Holy people are true, O Nanak; they are in love with the Lord. ||23||	ਹੇ ਨਾਨਕ! ਉਸ ਨਾਲ ਪਿਆਰ ਪਾਣ ਦਾ ਕਾਰਨ ਨਿਸ਼ਚੇ ਕਰ ਕੇ ਸੰਤਾਂ ਨੂੰ ਹੀ ਸਮਝੋ ॥੨੩॥
58145	1361	ਸੁਖੇਣ ਬੈਣ ਰਤਨੰ ਰਚਨੰ ਕਸੁੰਭ ਰੰਗਣਃ॥	ਕ-ਸੁੰਭ। ਰੰਗਣਃ : ਰੰਗਣਹ	Sukhaen Bain Rathanan Rachanan Kasunbh Rangana ||	The mortal is engrossed in sweet words and transitory pleasures which shall soon fade away.	(ਮਾਇਆ-) ਕਸੁੰਭੇ ਦੇ ਰੰਗਾਂ ਵਿਚ ਅਤੇ (ਮਾਇਆ ਸੰਬੰਧੀ) ਸੁਖਦਾਈ ਸੋਹਣੇ ਬੋਲਾਂ ਵਿਚ ਮਸਤ ਰਿਹਾਂ-
58146	1361	ਰੋਗ ਸੋਗ ਬਿਓਗੰ ਨਾਨਕ ਸੁਖੁ ਨ ਸੁਪਨਹ॥੨੪॥		Rog Sog Biougan Naanak Sukh N Supaneh ||24||	Disease, sorrow and separation afflict him; O Nanak, he never finds peace, even in dreams. ||24||	ਰੋਗ ਚਿੰਤਾ ਅਤੇ ਦੁੱਖ (ਹੀ ਵਿਆਪਦੇ ਹਨ)। ਹੇ ਨਾਨਕ! ਸੁਖ ਸੁਪਨੇ ਵਿਚ ਭੀ ਨਹੀਂ ਮਿਲਦਾ ॥੨੪॥
58147	1361	ਫੁਨਹੇ ਮਹਲਾ ੫		Funehae Mehalaa 5	Phunhay, Fifth Mehl:	ਗੁਰੂ ਅਰਜਨਦੇਵ ਜੀ ਦੀ ਬਾਣੀ 'ਫੁਨਹੇ'।
58148	1361	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

58149	1361	ਹਾਥਿ ਕਲੰਮ ਅਗੰਮ ਮਸਤਕਿ ਲੇਖਾਵਤੀ॥		Haathh Kalanm Aganm Masathak Laekhaavathee ||	With Pen in Hand, the Unfathomable Lord writes the mortal's destiny upon his forehead.	ਹੇ ਅਪਹੁੰਚ ਪ੍ਰਭੂ! (ਤੇਰੇ) ਹੱਥ ਵਿਚ ਕਲਮ ਹੈ (ਜੋ ਸਭ ਜੀਵਾਂ ਦੇ) ਮੱਥੇ ਉੱਤੇ (ਲੇਖ) ਲਿਖਦੀ ਜਾ ਰਹੀ ਹੈ।
58150	1361	ਉਰਝਿ ਰਹਿਓ ਸਭ ਸੰਗਿ ਅਨੂਪ ਰੂਪਾਵਤੀ॥		Ourajh Rehiou Sabh Sang Anoop Roopaavathee ||	The Incomparably Beautiful Lord is involved with all.	ਹੇ ਅਤਿ ਸੁੰਦਰ ਰੂਪ ਵਾਲੇ! ਤੂੰ ਸਭ ਜੀਵਾਂ ਦੇ ਨਾਲ ਮਿਲਿਆ ਹੋਇਆ ਹੈਂ।
58151	1361	ਉਸਤਤਿ ਕਹਨੁ ਨ ਜਾਇ ਮੁਖਹੁ ਤੁਹਾਰੀਆ॥		Ousathath Kehan N Jaae Mukhahu Thuhaareeaa ||	I cannot utter Your Praises with my mouth.	(ਕਿਸੇ ਭੀ ਜੀਵ ਪਾਸੋਂ ਆਪਣੇ) ਮੂੰਹ ਨਾਲ ਤੇਰੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ।
58152	1361	ਮੋਹੀ ਦੇਖਿ ਦਰਸੁ ਨਾਨਕ ਬਲਿਹਾਰੀਆ॥੧॥		Mohee Dhaekh Dharas Naanak Balihaareeaa ||1||	Nanak is fascinated, gazing upon the Blessed Vision of Your Darshan. I am a sacrifice to You. ||1||	ਮੈਂ (ਨਾਨਕ) ਤੈਥੋਂ ਸਦਕੇ ਹਾਂ, ਤੇਰਾ ਦਰਸਨ ਕਰ ਕੇ ਮੇਰਾ ਮਨ ਮੋਹਿਆ ਗਿਆ ਹੈ ॥੧॥
58153	1361	ਸੰਤ ਸਭਾ ਮਹਿ ਬੈਸ ਕਿ ਕੀਰਤਿ ਮੈ ਕਹਾਂ॥	ਸਭਾ: ਪੋਲਾ ਬੋਲੋ	Santh Sabhaa Mehi Bais K Keerath Mai Kehaan ||	Seated in the Society of the Saints, I chant the Lord's Praises.	(ਹੇ ਸਹੇਲੀ! ਮੇਰੀ ਇਹ ਤਾਂਘ ਹੈ ਕਿ) ਸਾਧ ਸੰਗਤ ਵਿਚ ਮੇਰਾ ਬਹਿਣ-ਖਲੋਣ ਹੋ ਜਾਏ ਤਾ ਕਿ ਮੈਂ (ਪਰਮਾਤਮਾ ਦੀ) ਸਿਫ਼ਤ-ਸਾਲਾਹ ਕਰਦੀ ਰਹਾਂ,
58154	1361	ਅਰਪੀ ਸਭੁ ਸੀਗਾਰੁ ਏਹੁ ਜੀਉ ਸਭੁ ਦਿਵਾ॥		Arapee Sabh Seegaar Eaehu Jeeo Sabh Dhivaa ||	I dedicate all my adornments to Him, and give all this soul to Him.	(ਉਸ ਪ੍ਰਭੂ-ਪਤੀ ਦੇ ਮਿਲਾਪ ਦੇ ਵੱਟੇ ਵਿਚ) ਮੈਂ (ਆਪਣਾ) ਸਾਰਾ ਸਿੰਗਾਰ ਭੇਟ ਕਰ ਦਿਆਂ, ਮੈਂ ਆਪਣੀ ਜਿੰਦ ਭੀ ਹਵਾਲੇ ਕਰ ਦਿਆਂ।

58155	1361	ਆਸ ਪਿਆਸੀ ਸੇਜ ਸੁ ਕੰਤਿ ਵਿਛਾਈਐ॥		Aas Piaasee Saej S Kanth Vishhaaeeai ||	With hopeful yearning for Him, I have made the bed for my Husband.	(ਦਰਸਨ ਦੀ) ਆਸ ਦੀ ਤਾਂਘ ਵਾਲੀ ਦੀ ਮੇਰੀ ਹਿਰਦਾ-ਸੇਜ ਕੰਤ-ਪ੍ਰਭੂ ਨੇ (ਆਪ) ਵਿਛਾਈ ਹੈ।
58156	1361	ਹਰਿਹਾਂ ਮਸਤਕਿ ਹੋਵੈ ਭਾਗੁ ਤ ਸਾਜਨੁ ਪਾਈਐ॥੨॥		Harihaan Masathak Hovai Bhaag Th Saajan Paaeeai ||2||	O Lord! If such good destiny is inscribed upon my forehead, then I shall find my Friend. ||2||	ਹੇ ਸਹੇਲੀਏ! ਜੇ ਮੱਥੇ ਉੱਤੇ ਭਾਗ ਜਾਗ ਪਏ ਤਾਂ ਹੀ ਸੱਜਣ-ਪ੍ਰਭੂ ਮਿਲਦਾ ਹੈ ॥੨॥
58157	1361	ਸਖੀ ਕਾਜਲ ਹਾਰ ਤੰਬੋਲ ਸਭੈ ਕਿਛੁ ਸਾਜਿਆ॥	ਕੱਾਜਲ	Sakhee Kaajal Haar Thanbol Sabhai Kishh Saajiaa ||	O my companion, I have prepared everything: make-up, garlands and betel-leaves.	ਹੇ ਸਹੇਲੀਏ! (ਜੇ) ਕੱਜਲ, ਹਾਰ, ਪਾਨ-ਇਹ ਸਭ ਕੁਝ ਤਿਆਰ ਭੀ ਕਰ ਲਿਆ ਜਾਏ,
58158	1361	ਸੋਲਹ ਕੀਏ ਸੀਗਾਰ ਕਿ ਅੰਜਨੁ ਪਾਜਿਆ॥		Soleh Keeeae Seegaar K Anjan Paajiaa ||	I have embellished myself with the sixteen decorations, and applied the mascara to my eyes.	(ਜੇ) ਸੋਲ੍ਹਾਂ ਸਿੰਗਾਰ ਭੀ ਕਰ ਲਏ ਜਾਣ, ਤੇ (ਅੱਖਾਂ ਵਿਚ) ਸੁਰਮਾ ਭੀ ਪਾ ਲਿਆ ਜਾਏ,
58159	1361	ਜੇ ਘਰਿ ਆਵੈ ਕੰਤੁ ਤ ਸਭੁ ਕਿਛੁ ਪਾਈਐ॥		Jae Ghar Aavai Kanth Th Sabh Kishh Paaeeai ||	If my Husband Lord comes to my home, then I obtain everything.	ਤਾਂ ਭੀ ਜੇ ਖਸਮ ਹੀ ਘਰ ਵਿਚ ਆ ਪਹੁੰਚੇ, ਤਦੋਂ ਹੀ ਸਭ ਕੁਝ ਪ੍ਰਾਪਤ ਹੁੰਦਾ ਹੈ।

58160	1361	ਹਰਿਹਾਂ ਕੰਤੈ ਬਾਝੁ ਸੀਗਾਰੁ ਸਭੁ ਬਿਰਥਾ ਜਾਈਐ॥੩॥		Harihaan Kanthai Baajh Seegaar Sabh Birathhaa Jaaeeai ||3||	O Lord! Without my Husband, all these adornments are useless. ||3||	ਖਸਮ (ਦੇ ਮਿਲਾਪ) ਤੋਂ ਬਿਨਾ ਸਾਰਾ ਸਿੰਗਾਰ ਵਿਅਰਥ ਚਲਾ ਜਾਂਦਾ ਹੈ (ਇਹੀ ਹਾਲ ਹੈ ਜੀਵ-ਇਸਤ੍ਰੀ ਦਾ) ॥੩॥
58161	1361	ਜਿਸੁ ਘਰਿ ਵਸਿਆ ਕੰਤੁ ਸਾ ਵਡਭਾਗਣੇ॥		Jis Ghar Vasiaa Kanth Saa Vaddabhaaganae ||	Very fortunate is she, within whose home the Husband Lord abides.	ਹੇ ਸਹੇਲੀਏ! ਜਿਸ (ਜੀਵ-ਇਸਤ੍ਰੀ) ਦੇ (ਹਿਰਦੇ-) ਘਰ ਵਿਚ ਪ੍ਰਭੂ-ਪਤੀ ਵੱਸ ਪੈਂਦਾ ਹੈ, ਉਹ ਵੱਡੇ ਭਾਗਾਂ ਵਾਲੀ ਹੋ ਜਾਂਦੀ ਹੈ।
58162	1361	ਤਿਸੁ ਬਣਿਆ ਹਭੁ ਸੀਗਾਰੁ ਸਾਈ ਸੋਹਾਗਣੇ॥	ਸਾਂਈਂ	This Baniaa Habh Seegaar Saaee Sohaaganae ||	She is totally adorned and decorated; she is a happy soul-bride.	(ਆਤਮਕ ਜੀਵਨ ਉੱਚਾ ਕਰਨ ਲਈ ਉਸ ਦਾ ਸਾਰਾ ਉੱਦਮ) ਉਸ ਦਾ ਸਾਰਾ ਸਿੰਗਾਰ ਉਸ ਨੂੰ ਫਬ ਜਾਂਦਾ ਹੈ, ਉਹ (ਜੀਵ-ਇਸਤ੍ਰੀ) ਹੀ ਖਸਮ ਵਾਲੀ (ਅਖਵਾ ਸਕਦੀ ਹੈ)।
58163	1361	ਹਉ ਸੁਤੀ ਹੋਇ ਅਚਿੰਤ ਮਨਿ ਆਸ ਪੁਰਾਈਆ॥	ਸੁੱਤੀ, ਅ-ਚਿੰਤ	Ho Suthee Hoe Achinth Man Aas Puraaeeaa ||	I sleep in peace, without anxiety; the hopes of my mind have been fulfilled.	(ਇਹੋ ਜਿਹੀ ਸੋਹਾਗਣ ਦੀ ਸੰਗਤ ਵਿਚ ਰਹਿ ਕੇ) ਮੈਂ (ਭੀ ਹੁਣ) ਚਿੰਤਾ-ਰਹਿਤ ਹੋ ਕੇ (ਪ੍ਰਭੂ-ਚਰਨਾਂ ਵਿਚ) ਲੀਨ ਹੋ ਗਈ ਹਾਂ, ਮੇਰੇ ਮਨ ਵਿਚ (ਮਿਲਾਪ ਦੀ ਪੁਰਾਣੀ) ਆਸ ਪੂਰੀ ਹੋ ਗਈ ਹੈ।

58164	1361	ਹਰਿਹਾਂ ਜਾ ਘਰਿ ਆਇਆ ਕੰਤੁ ਤ ਸਭੁ ਕਿਛੁ ਪਾਈਆ॥੪॥		Harihaan Jaa Ghar Aaeiaa Kanth Th Sabh Kishh Paaeeaa ||4||	O Lord! When my Husband came into the home of my heart, I obtained everything. ||4||	ਹੇ ਸਹੇਲੀਏ! ਜਦੋਂ (ਹਿਰਦੇ-) ਘਰ ਵਿਚ ਖਸਮ (-ਪ੍ਰਭੂ) ਆ ਜਾਂਦਾ ਹੈ, ਤਦੋਂ ਹਰੇਕ ਮੰਗ ਪੂਰੀ ਹੋ ਜਾਂਦੀ ਹੈ ॥੪॥
58165	1362	ਆਸਾ ਇਤੀ ਆਸਕਿ ਆਸ ਪੁਰਾਈਐ॥	ਇਤੀ:ਪੋਲਾ ਬੋਲੋ। (ਇਤੀ) ਬਹੁਤੀ	Aasaa Eithee Aas K Aas Puraaeeai ||	My hope is so intense, that this hope alone should fulfill my hopes.	ਹੇ ਸਹੇਲੀਏ! (ਮੇਰੇ ਅੰਦਰ) ਇਤਨੀ ਕੁ ਤਾਂਘ ਬਣੀ ਰਹਿੰਦੀ ਹੈ ਕਿ (ਪ੍ਰਭੂ-ਮਿਲਾਪ ਦੀ ਮੇਰੀ) ਆਸ ਪੂਰੀ ਹੋ ਜਾਏ।
58166	1362	ਸਤਿਗੁਰ ਭਏ ਦਇਆਲ ਤ ਪੂਰਾ ਪਾਈਐ॥		Sathigur Bheae Dhaeiaal Th Pooraa Paaeeai ||	When the True Guru becomes merciful, then I attain the Perfect Lord.	ਪਰ ਸਰਬ-ਗੁਣ ਭਰਪੂਰ ਪ੍ਰਭੂ ਤਦੋਂ ਮਿਲਦਾ ਹੈ ਜਦੋਂ ਗੁਰੂ ਦਇਆਵਾਨ ਹੋਵੇ।
58167	1362	ਮੈ ਤਨਿ ਅਵਗਣ ਬਹੁਤੁ ਕਿ ਅਵਗਣ ਛਾਇਆ॥		Mai Than Avagan Bahuth K Avagan Shhaaeiaa ||	My body is filled with so many demerits; I am covered with faults and demerits.	ਹੇ ਸਹੇਲੀਏ! ਮੇਰੇ ਸਰੀਰ ਵਿਚ (ਇਤਨੇ) ਵਧੀਕ ਔਗੁਣ ਹਨ ਕਿ (ਮੇਰਾ ਆਪਾ) ਔਗੁਣਾਂ ਨਾਲ ਢਕਿਆ ਰਹਿੰਦਾ ਹੈ।
58168	1362	ਹਰਿਹਾਂ ਸਤਿਗੁਰ ਭਏ ਦਇਆਲ ਤ ਮਨੁ ਠਹਰਾਇਆ॥੫॥		Harihaan Sathigur Bheae Dhaeiaal Th Man Theharaaeiaa ||5||	O Lord! When the True Guru becomes Merciful, then the mind is held in place. ||5||	ਪਰ ਜਦੋਂ ਗੁਰੂ ਦਇਆਵਾਨ ਹੁੰਦਾ ਹੈ ਤਦੋਂ ਮਨ (ਵਿਕਾਰਾਂ ਵਲ) ਡੋਲਣੋਂ ਹਟ ਜਾਂਦਾ ਹੈ ॥੫॥

58169	1362	ਕਹੁ ਨਾਨਕ ਬੇਅੰਤੁ ਬੇਅੰਤੁ ਧਿਆਇਆ॥		Kahu Naanak Baeanth Baeanth Dhhiaaeiaa ||	Says Nanak, I have meditated on the Lord, Infinite and Endless.	ਨਾਨਕ ਆਖਦਾ ਹੈ- (ਹੇ ਸਹੇਲੀਏ!) ਜਿਸ ਮਨੁੱਖ ਨੇ ਬੇਅੰਤ ਪਰਮਾਤਮਾ ਦਾ ਨਾਮ ਸਿਮਰਨਾ ਸ਼ੁਰੂ ਕਰ ਦਿੱਤਾ,
58170	1362	ਦੁਤਰੁ ਇਹੁ ਸੰਸਾਰੁ ਸਤਿਗੁਰੂ ਤਰਾਇਆ॥	ਦੁੱਤ-ਰੁ	Dhuthar Eihu Sansaar Sathiguroo Tharaaeiaa ||	This world-ocean is so difficult to cross; the True Guru has carried me across.	ਗੁਰੂ ਨੇ ਉਸ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦਿੱਤਾ ਜਿਸ ਤੋਂ ਪਾਰ ਲੰਘਣਾ ਬਹੁਤ ਔਖਾ ਹੈ। (ਗੁਰੂ ਨੇ ਉਸ ਨੂੰ ਪੂਰਨ ਪ੍ਰਭੂ ਨਾਲ ਜੋੜ ਦਿੱਤਾ, ਤੇ)
58171	1362	ਮਿਟਿਆ ਆਵਾ ਗਉਣੁ ਜਾਂ ਪੂਰਾ ਪਾਇਆ॥		Mittiaa Aavaa Goun Jaan Pooraa Paaeiaa ||	My comings and goings in reincarnation ended, when I met the Perfect Lord.	ਜਦੋਂ ਉਸ ਨੇ ਪੂਰਨ ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ, ਉਸ ਦਾ ਜਨਮ ਮਰਨ ਦਾ ਗੇੜ (ਭੀ) ਮੁੱਕ ਗਿਆ।
58172	1362	ਹਰਿਹਾਂ ਅੰਮ੍ਰਿਤੁ ਹਰਿ ਕਾ ਨਾਮੁ ਸਤਿਗੁਰ ਤੇ ਪਾਇਆ॥੬॥		Harihaan Anmrith Har Kaa Naam Sathigur Thae Paaeiaa ||6||	O Lord! I have obtained the Ambrosial Nectar of the Name of the Lord from the True Guru. ||6||	ਹੇ ਸਹੇਲੀਏ! ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਗੁਰੂ ਤੋਂ (ਹੀ) ਮਿਲਦਾ ਹੈ ॥੬॥
58173	1362	ਮੇਰੈ ਹਾਥਿ ਪਦਮੁ ਆਗਨਿ ਸੁਖ ਬਾਸਨਾ॥	(ਪਦਮੁ) ਕਵਲ, ਪ੍ਰਮੇਸ਼ਰ। ਹਿਰਦੇ ਰੂਪੀ (ਆਗਨਿ) ਵੇਹੜਾ	Maerai Haathh Padham Aagan Sukh Baasanaa ||	The lotus is in my hand; in the courtyard of my heart I abide in peace.	ਹੇ ਸਹੇਲੀਏ! (ਹੁਣ) ਮੇਰੇ ਹੱਥ ਵਿਚ ਕੌਲ-ਫੁੱਲ (ਦੀ ਰੇਖਾ ਬਣ ਪਈ) ਹੈ (ਮੇਰੇ ਭਾਗ ਜਾਗ ਪਏ ਹਨ) ਮੇਰੇ (ਹਿਰਦੇ ਦੇ) ਵਿਹੜੇ ਵਿਚ ਆਤਮਕ ਆਨੰਦ ਦੀ ਸੁਗੰਧੀ (ਖਿਲਰੀ ਰਹਿੰਦੀ) ਹੈ।

58174	1362	ਸਖੀ ਮੋਰੈ ਕੰਠਿ ਰਤੰਨੁ ਪੇਖਿ ਦੁਖੁ ਨਾਸਨਾ॥		Sakhee Morai Kanth Rathann Paekh Dhukh Naasanaa ||	O my companion, the Jewel is around my neck; beholding it, sorrow is taken away.	(ਜਿਵੇਂ ਬੱਚਿਆਂ ਦੇ ਗਲ ਵਿਚ ਨਜ਼ਰ-ਪੱਟੂ ਪਾਇਆ ਹੁੰਦਾ ਹੈ) ਹੇ ਸਹੇਲੀਏ! ਮੇਰੇ ਗਲੇ ਵਿਚ ਰਤਨ ਲਟਕ ਰਿਹਾ ਹੈ (ਮੇਰੇ ਗਲ ਵਿਚ ਨਾਮ-ਰਤਨ ਪ੍ਰੋਤਾ ਗਿਆ ਹੈ) ਜਿਸ ਨੂੰ ਵੇਖ ਕੇ (ਹਰੇਕ) ਦੁੱਖ ਦੂਰ ਹੋ ਗਿਆ ਹੈ।
58175	1362	ਬਾਸਉ ਸੰਗਿ ਗੁਪਾਲ ਸਗਲ ਸੁਖ ਰਾਸਿ ਹਰਿ॥		Baaso Sang Gupaal Sagal Sukh Raas Har ||	I abide with the Lord of the World, the Treasury of Total Peace. O Lord!	(ਗੁਰੂ ਦੀ ਮਿਹਰ ਦਾ ਸਦਕਾ) ਮੈਂ ਉਸ ਸ੍ਰਿਸ਼ਟੀ ਦੇ ਪਾਲਣਹਾਰ ਨਾਲ (ਸਦਾ) ਵੱਸਦੀ ਹਾਂ, ਜਿਹੜਾ ਪਰਮਾਤਮਾ ਸਾਰੇ ਸੁਖਾਂ ਦਾ ਸੋਮਾ ਹੈ,
58176	1362	ਹਰਿਹਾਂ ਰਿਧਿ ਸਿਧਿ ਨਵ ਨਿਧਿ ਬਸਹਿ ਜਿਸੁ ਸਦਾ ਕਰਿ॥੭॥		Harihaan Ridhh Sidhh Nav Nidhh Basehi Jis Sadhaa Kar ||7||	All wealth, spiritual perfection and the nine treasures are in His Hand. ||7||	ਜਿਸ (ਪਰਮਾਤਮਾ) ਦੇ ਹੱਥ ਵਿਚ ਸਾਰੀਆਂ ਆਤਮਕ ਤਾਕਤਾਂ ਅਤੇ (ਧਰਤੀ ਦੇ ਸਾਰੇ) ਨੌਂ ਖ਼ਜ਼ਾਨੇ ਸਦਾ ਟਿਕੇ ਰਹਿੰਦੇ ਹਨ ॥੭॥
58177	1362	ਪਰ ਤ੍ਰਿਅ ਰਾਵਣਿ ਜਾਹਿ ਸੇਈ ਤਾਲਾਜੀਅਹਿ॥	(ਰਾਵਣਿ) ਭੋਗਣ (ਤਾ-ਲਾ-ਜੀ-ਅਹਿ) ਤਲੇ ਜਾਣਗੇ ਨਰਕਾਂ ਰੂਪ ਕੜਾਹੇ ਚ ਅਥਵਾ ਏਡਜ਼ ਆਦਿ ਰੋਗਾਂ ਚ ਤਲ਼ੇ ਜਾਣਗੇ। (ਦੂਜਾ ਪਾਠ: ਤਾ ਲਾਜੀਅਹਿ)	Par Thria Raavan Jaahi Saeee Thaa Laajeeahi ||	Those men who go out to enjoy other men's women shall suffer in shame.	ਜਿਹੜੇ ਮਨੁੱਖ ਪਰਾਈ ਇਸਤ੍ਰੀ ਭੋਗਣ ਜਾਂਦੇ ਹਨ, ਉਹ (ਪ੍ਰਭੂ ਦੀ ਹਜ਼ੂਰੀ ਵਿਚ) ਜ਼ਰੂਰ ਸ਼ਰਮਸਾਰ ਹੁੰਦੇ ਹਨ।

58178	1362	ਨਿਤਪ੍ਰਤਿ ਹਿਰਹਿ ਪਰ ਦਰਬੁ ਛਿਦ੍ਰ ਕਤ ਢਾਕੀਅਹਿ॥	ਹਿਰ-ਹਿ, ਢਾਕੀ-ਅਹਿ	Nithaprath Hirehi Par Dharab Shhidhr Kath Dtaakeeahi ||	Those who steal the wealth of others - how can their guilt be concealed?	ਜਿਹੜੇ ਮਨੁੱਖ ਸਦਾ ਪਰਾਇਆ ਧਨ ਚੁਰਾਂਦੇ ਰਹਿੰਦੇ ਹਨ (ਉਹਨਾਂ ਦੇ ਇਹ) ਕੁਕਰਮ ਕਿੱਥੇ ਲੁਕੇ ਰਹਿ ਸਕਦੇ ਹਨ? (ਪਰਮਾਤਮਾ ਸਭ ਕੁਝ ਵੇਖ ਰਿਹਾ ਹੈ)।
58179	1362	ਹਰਿ ਗੁਣ ਰਮਤ ਪਵਿਤ੍ਰ ਸਗਲ ਕੁਲ ਤਾਰਈ॥	ਤਾਰ-ਈ	Har Gun Ramath Pavithr Sagal Kul Thaaree ||	Those who chant the Sacred Praises of the Lord save and redeem all their generations.	ਪਰਮਾਤਮਾ ਦੇ ਗੁਣ ਯਾਦ ਕਰਦਿਆਂ ਮਨੁੱਖ (ਆਪ) ਸੁੱਚੇ ਜੀਵਨ ਵਾਲਾ ਬਣ ਜਾਂਦਾ ਹੈ (ਅਤੇ ਆਪਣੀਆਂ) ਸਾਰੀਆਂ ਕੁਲਾਂ ਨੂੰ (ਭੀ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ।
58180	1362	ਹਰਿਹਾਂ ਸੁਨਤੇ ਭਏ ਪੁਨੀਤ ਪਾਰਬ੍ਰਹਮੁ ਬੀਚਾਰਈ॥੮॥		Harihaan Sunathae Bheae Puneeth Paarabreham Beechaaree ||8||	O Lord! Those who listen and contemplate the Supreme Lord God become pure and holy. ||8||	ਹੇ ਸਹੇਲੀਏ! (ਜਿਹੜੇ ਮਨੁੱਖ ਪਰਮਾਤਮਾ ਦੀ ਸਿਫ਼ਤ-ਸਾਲਾਹ) ਸੁਣਦੇ ਹਨ, ਉਹ ਸਾਰੇ ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ ॥੮॥
58181	1362	ਊਪਰਿ ਬਨੈ ਅਕਾਸੁ ਤਲੈ ਧਰ ਸੋਹਤੀ॥		Oopar Banai Akaas Thalai Dhhar Sohathee ||	The sky above looks lovely, and the earth below is beautiful.	ਹੇ ਸਹੇਲੀਏ! ਉਤਾਂਹ (ਤਾਰਿਆਂ ਆਦਿਕ ਨਾਲ) ਆਕਾਸ਼ ਫਬ ਰਿਹਾ ਹੈ, ਹੇਠ ਪੈਰਾਂ ਵਾਲੇ ਪਾਸੇ (ਹਰਿਆਵਲ ਆਦਿਕ ਨਾਲ) ਧਰਤੀ ਸਜ ਰਹੀ ਹੈ।
58182	1362	ਦਹ ਦਿਸ ਚਮਕੈ ਬੀਜੁਲਿ ਮੁਖ ਕਉ ਜੋਹਤੀ॥		Dheh Dhis Chamakai Beejul Mukh Ko Johathee ||	Lightning flashes in the ten directions; I behold the Face of my Beloved.	ਦਸੀਂ ਪਾਸੀਂ ਬਿਜਲੀ ਚਮਕ ਰਹੀ ਹੈ, ਮੂੰਹ ਉੱਤੇ ਲਿਸ਼ਕਾਰੇ ਮਾਰ ਰਹੀ ਹੈ। (ਰੱਬੀ ਜੋਤਿ ਦਾ ਕੈਸਾ ਸੋਹਣਾ ਸਾਕਾਰ ਸਰੂਪ ਹੈ!)

58183	1362	ਖੋਜਤ ਫਿਰਉ ਬਿਦੇਸਿ ਪੀਉ ਕਤ ਪਾਈਐ॥		Khojath Firo Bidhaes Peeo Kath Paaeeai ||	If I go searching in foreign lands, how can I find my Beloved?	ਪਰ ਮੈਂ (ਉਸ ਦੇ ਇਸ ਸਰਗਣ ਸਰੂਪ ਦੀ ਕਦਰ ਨਾਹ ਸਮਝ ਕੇ) ਪਰਦੇਸ ਵਿਚ (ਜੰਗਲ ਆਦਿਕ ਵਿਚ) ਢੂੰਢਦੀ ਫਿਰਦੀ ਹਾਂ ਕਿ ਪ੍ਰੀਤਮ-ਪ੍ਰਭੂ ਕਿਤੇ ਲੱਭ ਪਏ।
58184	1362	ਹਰਿਹਾਂ ਜੇ ਮਸਤਕਿ ਹੋਵੈ ਭਾਗੁ ਤ ਦਰਸਿ ਸਮਾਈਐ॥੯॥		Harihaan Jae Masathak Hovai Bhaag Th Dharas Samaaeeai ||9||	O Lord! If such destiny is inscribed upon my forehead, I am absorbed in the Blessed Vision of His Darshan. ||9||	ਹੇ ਸਹੇਲੀਏ! ਜੇ ਮੱਥੇ ਉੱਤੇ ਭਾਗ ਜਾਗ ਪਏ ਤਾਂ (ਹਰ ਥਾਂ ਹੀ ਉਸ ਦੇ) ਦੀਦਾਰ ਵਿਚ ਲੀਨ ਹੋ ਸਕੀਦਾ ਹੈ ॥੯॥
58185	1362	ਡਿਠੇ ਸਭੇ ਥਾਵ ਨਹੀ ਤੁਧੁ ਜੇਹਿਆ॥		Ddithae Sabhae Thhaav Nehee Thudhh Jaehiaa ||	I have seen all places, but none can compare to You.	(ਹੇ ਰਾਮ ਦੇ ਦਾਸਾਂ ਦੇ ਸ਼ਹਰ!) ਮੈਂ ਹੋਰ ਸਾਰੇ ਥਾਂ ਵੇਖ ਲਏ ਹਨ, (ਪਰ) ਤੇਰੇ ਬਰਾਬਰ ਦਾ (ਮੈਨੂੰ ਕੋਈ) ਨਹੀਂ (ਦਿੱਸਿਆ)।
58186	1362	ਬਧੋਹੁ ਪੁਰਖਿ ਬਿਧਾਤੈ ਤਾਂ ਤੂ ਸੋਹਿਆ॥		Badhhohu Purakh Bidhhaathai Thaan Thoo Sohiaa ||	The Primal Lord, the Architect of Destiny, has established You; thus You are adorned and embellished.	(ਹੇ ਸਤਸੰਗ!) ਤੇਰੀ ਨੀਂਹ ਅਕਾਲ ਪੁਰਖ ਸਿਰਜਣਹਾਰ ਨੇ ਆਪ ਰੱਖੀ ਹੋਈ ਹੈ, ਇਸੇ ਵਾਸਤੇ ਤੂੰ (ਉਸ ਦੇ ਆਤਮਕ ਗੁਣਾਂ ਦੀ ਬਰਕਤਿ ਨਾਲ) ਸੋਹਣਾ ਦਿੱਸਦਾ ਰਿਹਾ ਹੈਂ
58187	1362	ਵਸਦੀ ਸਘਨ ਅਪਾਰ ਅਨੂਪ ਰਾਮਦਾਸਪੁਰ॥		Vasadhee Saghan Apaar Anoop Raamadhaas Pur ||	Ramdaspur is prosperous and thickly populated, and incomparably beautiful.	ਹੇ ਰਾਮ ਦੇ ਦਾਸਾਂ ਦੇ ਸ਼ਹਰ! (ਹੇ ਸਤਸੰਗ!) (ਤੇਰੇ ਅੰਦਰ ਉੱਚੇ ਆਤਮਕ ਗੁਣਾਂ ਦੀ) ਵੱਸੋਂ ਬਹੁਤ ਸੰਘਣੀ ਹੈ, ਬੇਅੰਤ ਹੈ, ਬੇ-ਬਿਸਾਲ ਹੈ।

58188	1362	ਹਰਿਹਾਂ ਨਾਨਕ ਕਸਮਲ ਜਾਹਿ ਨਾਇਐ ਰਾਮਦਾਸ ਸਰ॥੧੦॥	ਨ੍ਹਾਇਐ	Harihaan Naanak Kasamal Jaahi Naaeiai Raamadhaas Sar ||10||	O Lord! Bathing in the Sacred Pool of Raam Daas, the sins are washed away, O Nanak. ||10||	ਹੇ ਨਾਨਕ! ਹੇ ਰਾਮ ਦੇ ਦਾਸਾਂ ਦੇ ਸਰੋਵਰ! (ਹੇ ਸਤਸੰਗ! ਤੇਰੇ ਵਿਚ ਆਤਮਕ) ਇਸ਼ਨਾਨ ਕੀਤਿਆਂ! (ਮਨੁੱਖ ਦੇ ਮਨ ਦੇ ਸਾਰੇ) ਪਾਪ ਦੂਰ ਹੋ ਜਾਂਦੇ ਹਨ ॥੧੦॥
58189	1362	ਚਾਤ੍ਰਿਕ ਚਿਤ ਸੁਚਿਤ ਸੁ ਸਾਜਨੁ ਚਾਹੀਐ॥	ਚਿੱਤ। ਸੁ-ਚਿੱਤ	Chaathrik Chith Suchith S Saajan Chaaheeai ||	The rainbird is very smart; in its consciousness, it longs for the friendly rain.	ਪਪੀਹੇ ਵਾਂਗ ਸੁਚੇਤ-ਚਿੱਤ ਹੋ ਕੇ ਉਸ ਸੱਜਣ-ਪ੍ਰਭੂ ਨੂੰ ਪਿਆਰ ਕਰਨਾ ਚਾਹੀਦਾ ਹੈ।
58190	1362	ਜਿਸੁ ਸੰਗਿ ਲਾਗੇ ਪ੍ਰਾਣ ਤਿਸੈ ਕਉ ਆਹੀਐ॥		Jis Sang Laagae Praan Thisai Ko Aaheeai ||	It longs for that, to which its breath of life is attached.	ਜਿਸ ਸੱਜਣ ਨਾਲ ਜਿੰਦ ਦੀ ਪ੍ਰੀਤ ਬਣ ਜਾਏ, ਉਸੇ ਨੂੰ ਹੀ (ਮਿਲਣ ਦੀ) ਤਾਂਘ ਕਰਨੀ ਚਾਹੀਦੀ ਹੈ।
58191	1362	ਬਨੁ ਬਨੁ ਫਿਰਤ ਉਦਾਸ ਬੂੰਦ ਜਲ ਕਾਰਣੇ॥		Ban Ban Firath Oudhaas Boondh Jal Kaaranae ||	It wanders depressed, from forest to forest, for the sake of a drop of water.	(ਵੇਖ, ਪਪੀਹਾ ਵਰਖਾ ਦੇ) ਪਾਣੀ ਦੀ ਇਕ ਬੂੰਦ ਵਾਸਤੇ (ਦਰਿਆਵਾਂ ਟੋਭਿਆਂ ਦੇ ਪਾਣੀ ਵਲੋਂ) ਉਪਰਾਮ ਹੋ ਕੇ ਜੰਗਲ ਜੰਗਲ (ਢੂੰਡਦਾ) ਫਿਰਦਾ ਹੈ।
58192	1362	ਹਰਿਹਾਂ ਤਿਉ ਹਰਿ ਜਨੁ ਮਾਂਗੈ ਨਾਮੁ ਨਾਨਕ ਬਲਿਹਾਰਣੇ॥੧੧॥		Harihaan Thio Har Jan Maangai Naam Naanak Balihaaranae ||11||	O Lord! In just the same way, the humble servant of the Lord begs for the Naam, the Name of the Lord. Nanak is a sacrifice to him. ||11||	ਹੇ ਨਾਨਕ! (ਜਿਹੜਾ) ਪ੍ਰਭੂ ਦਾ ਸੇਵਕ (ਪਪੀਹੇ ਵਾਂਗ ਪਰਮਾਤਮਾ ਦਾ ਨਾਮ) ਮੰਗਦਾ ਹੈ, ਮੈਂ ਉਸ ਤੋਂ ਕੁਰਬਾਨ ਜਾਂਦਾ ਹਾਂ ॥੧੧॥

58193	1362	ਮਿਤ ਕਾ ਚਿਤੁ ਅਨੂਪੁ ਮਰੰਮੁ ਨ ਜਾਨੀਐ॥		Mith Kaa Chith Anoop Maranm N Jaaneeai ||	The Consciousness of my Friend is incomparably beautiful. Its mystery cannot be known.	(ਪਰਮਾਤਮਾ-) ਮਿੱਤਰ ਦਾ ਚਿੱਤ ਅੱਤਿ ਸੋਹਣਾ ਹੈ, (ਉਸ ਦਾ) ਭੇਤ ਨਹੀਂ ਜਾਣਿਆ ਜਾ ਸਕਦਾ।
58194	1362	ਗਾਹਕ ਗੁਨੀ ਅਪਾਰ ਸੁ ਤਤੁ ਪਛਾਨੀਐ॥		Gaahak Gunee Apaar S Thath Pashhaaneeai ||	One who purchases the priceless virtues realizes the essence of reality.	ਪਰ ਉਸ ਬੇਅੰਤ ਪ੍ਰਭੂ ਦੇ ਗੁਣਾਂ ਦੇ ਗਾਹਕ ਸੰਤ-ਜਨਾਂ ਦੀ ਰਾਹੀਂ ਉਹ ਭੇਤ ਸਮਝ ਲਈਦਾ ਹੈ।
58195	1362	ਚਿਤਹਿ ਚਿਤੁ ਸਮਾਇ ਤ ਹੋਵੈ ਰੰਗੁ ਘਨਾ॥		Chithehi Chith Samaae Th Hovai Rang Ghanaa ||	When the consciousness is absorbed in the supreme consciousness, great joy and bliss are found.	(ਉਹ ਭੇਤ ਇਹ ਹੈ ਕਿ) ਜੇ ਉਸ ਪਰਮਾਤਮਾ ਦੇ ਚਿੱਤ ਵਿਚ (ਮਨੁੱਖ ਦਾ) ਚਿੱਤ ਲੀਨ ਹੋ ਜਾਏ, ਤਾਂ (ਮਨੁੱਖ ਦੇ ਅੰਦਰ) ਬਹੁਤ ਆਤਮਕ ਆਨੰਦ ਪੈਦਾ ਹੋ ਜਾਂਦਾ ਹੈ।
58196	1362	ਹਰਿਹਾਂ ਚੰਚਲ ਚੋਰਹਿ ਮਾਰਿ ਤ ਪਾਵਹਿ ਸਚੁ ਧਨਾ॥੧੨॥	ਹਰਿਹਾਂ ਹੇ ਸਖੀ	Harihaan Chanchal Chorehi Maar Th Paavehi Sach Dhhanaa ||12||	O Lord! When the fickle thieves are overcome, the true wealth is obtained. ||12||	ਸੋ, ਜੇ ਤੂੰ (ਪ੍ਰਭੂ ਦੇ ਚਿੱਤ ਵਿਚ ਲੀਨ ਕਰ ਕੇ) ਇਸ ਸਦਾ ਭਟਕਦੇ (ਮਨ-) ਚੋਰ ਨੂੰ (ਚੰਚਲਤਾ ਵਲੋਂ) ਮਾਰ ਲਏਂ, ਤਾਂ ਤੂੰ ਸਦਾ ਕਾਇਮ ਰਹਿਣ ਵਾਲਾ ਨਾਮ-ਧਨ ਹਾਸਲ ਕਰ ਲਏਂਗਾ ॥੧੨॥
58197	1362	ਸੁਪਨੈ ਊਭੀ ਭਈ ਗਹਿਓ ਕੀ ਨ ਅੰਚਲਾ॥	ਦੋ ਰੂਪ ਹੋ (ਭਈ) ਗਈ, ਇਕ ਦਾਸਨ ਦਾਸੀ ਦੂਜੇ ਪਰਮ ਪੂਜਨੀਕ ਪਤੀ	Supanai Oobhee Bhee Gehiou Kee N Anchalaa ||	In a dream, I was lifted up; why didn't I grasp the hem of His Robe?	ਹੇ ਸਹੇਲੀਏ! ਸੁਪਨੇ ਵਿਚ (ਪ੍ਰਭੂ-ਪਤੀ ਨੂੰ ਵੇਖ ਕੇ) ਮੈਂ ਉੱਠ ਖਲੋਤੀ (ਪਰ ਮੈਂ ਉਸ ਦਾ ਪੱਲਾ ਨਾਹ ਫੜ ਸਕੀ)।

58198	1362	ਸੁੰਦਰ ਪੁਰਖ ਬਿਰਾਜਿਤ ਪੇਖਿ ਮਨੁ ਬੰਚਲਾ॥		Sundhar Purakh Biraajith Paekh Man Banchalaa ||	Gazing upon the Beautiful Lord relaxing there, my mind was charmed and fascinated.	ਮੈਂ (ਉਸ ਦਾ) ਪੱਲਾ ਕਿਉਂ ਨ ਫੜਿਆ? (ਇਸ ਵਾਸਤੇ ਨਾਹ ਫੜ ਸਕੀ ਕਿ) ਉਸ ਸੋਹਣੇ ਦਗ-ਦਗ ਕਰਦੇ ਪ੍ਰਭੂ-ਪਤੀ ਨੂੰ ਵੇਖ ਕੇ (ਮੇਰਾ) ਮਨ ਮੋਹਿਆ ਗਿਆ (ਮੈਨੂੰ ਆਪਣੇ ਆਪ ਦੀ ਸੁਰਤ ਹੀ ਨਾਹ ਰਹੀ)।
58199	1362	ਖੋਜਉ ਤਾ ਕੇ ਚਰਣ ਕਹਹੁ ਕਤ ਪਾਈਐ॥		Khojo Thaa Kae Charan Kehahu Kath Paaeeai ||	I am searching for His Feet - tell me, where can I find Him?	ਹੁਣ ਮੈਂ ਉਸ ਦੇ ਕਦਮਾਂ ਦੀ ਖੋਜ ਕਰਦੀ ਫਿਰਦੀ ਹਾਂ। ਦਸੋ, ਹੇ ਸਹੇਲੀਏ! ਉਹ ਕਿਵੇਂ ਮਿਲੇ?
58200	1362	ਹਰਿਹਾਂ ਸੋਈ ਜਤੰਨੁ ਬਤਾਇ ਸਖੀ ਪ੍ਰਿਉ ਪਾਈਐ॥੧੩॥		Harihaan Soee Jathann Bathaae Sakhee Prio Paaeeai ||13||	O Lord! Tell me how I can find my Beloved, O my companion. ||13||	ਹੇ ਸਹੇਲੀਏ! ਮੈਨੂੰ ਉਹ ਜਤਨ ਦੱਸ ਜਿਸ ਨਾਲ ਉਹ ਪਿਆਰਾ ਮਿਲ ਪਏ ॥੧੩॥
58201	1362	ਨੈਣ ਨ ਦੇਖਹਿ ਸਾਧ ਸਿ ਨੈਣ ਬਿਹਾਲਿਆ॥		Nain N Dhaekhehi Saadhh S Nain Bihaaliaa ||	The eyes which do not see the Holy - those eyes are miserable.	ਹੇ ਸਹੇਲੀਏ! ਜਿਹੜੀਆਂ ਅੱਖਾਂ ਸਤ-ਸੰਗੀਆਂ ਦੇ ਦਰਸਨ ਨਹੀਂ ਕਰਦੀਆਂ, ਉਹ ਅੱਖਾਂ (ਦੁਨੀਆ ਦੇ ਪਦਾਰਥਾਂ ਅਤੇ ਰੂਪ ਨੂੰ ਤੱਕ ਤੱਕ ਕੇ) ਬੇ-ਹਾਲ ਹੋਈਆਂ ਰਹਿੰਦੀਆਂ ਹਨ।
58202	1362	ਕਰਨ ਨ ਸੁਨਹੀ ਨਾਦੁ ਕਰਨ ਮੁੰਦਿ ਘਾਲਿਆ॥	(ਮੁੰਦਿ) ਮੂੰਦਾ (ਘਾਲਿਆ) ਪਾਇਆ ਜਾਂਦਾ ਹੈ ਭਾਵ ਬੰਦ ਕੀਤੇ ਜਾਣ	Karan N Sunehee Naadh Karan Mundh Ghaaliaa ||	The ears which do not hear the Sound-current of the Naad - those ears might just as well be plugged.	ਜਿਹੜੇ ਕੰਨ ਪਰਮਾਤਮਾ ਦੀ ਸਿਫ਼ਤ-ਸਾਲਾਹ ਨਹੀਂ ਸੁਣਦੇ, ਉਹ ਕੰਨ (ਆਤਮਕ ਆਨੰਦ ਦੀ ਧੁਨੀ ਸੁਣਨ ਵਲੋਂ) ਬੰਦ ਕੀਤੇ ਪਏ ਹਨ।

58203	1362	ਰਸਨਾ ਜਪੈ ਨ ਨਾਮੁ ਤਿਲੁ ਤਿਲੁ ਕਰਿ ਕਟੀਐ॥	ਕੱਟੀਐ	Rasanaa Japai N Naam Thil Thil Kar Katteeai ||	The tongue which does not chant the Naam ought to be cut out, bit by bit.	ਜਿਹੜੀ ਜੀਭ ਪਰਮਾਤਮਾ ਦਾ ਨਾਮ ਨਹੀਂ ਜਪਦੀ, ਉਹ ਜੀਭ (ਦੁਨੀਆ ਦੇ ਝੰਬੇਲਿਆਂ ਦੀਆਂ ਗੱਲਾਂ ਅਤੇ ਨਿੰਦਾ ਆਦਿਕ ਦੀ ਕੈਂਚੀ ਨਾਲ ਹਰ ਵੇਲੇ) ਕੱਟੀ ਜਾ ਰਹੀ ਹੈ।
58204	1362	ਹਰਿਹਾਂ ਜਬ ਬਿਸਰੈ ਗੋਬਿਦ ਰਾਇ ਦਿਨੋ ਦਿਨੁ ਘਟੀਐ॥੧੪॥	ਘਟੀਐ: ਪੋਲਾ ਬੋਲੋ	Harihaan Jab Bisarai Gobidh Raae Dhino Dhin Ghatteeai ||14||	O Lord! When the mortal forgets the Lord of the Universe, the Sovereign Lord King, he grows weaker day by day. ||14||	ਹੇ ਸਹੇਲੀਏ! ਜਦੋਂ ਪ੍ਰਭੂ-ਪਾਤਿਸ਼ਾਹ (ਦੀ ਯਾਦ) ਭੁੱਲ ਜਾਏ, ਤਦੋਂ ਦਿਨੇ ਦਿਨ (ਆਤਮਕ ਜੀਵਨ ਵਲੋਂ) ਕਮਜ਼ੋਰ ਹੁੰਦੇ ਜਾਈਦਾ ਹੈ। (ਸੋ, ਹੇ ਸਹੇਲੀਏ! ਸਾਧ ਸੰਗਤ ਵਿਚ ਪ੍ਰਭੂ ਦੀ ਸਿਫ਼ਤ-ਸਾਲਾਹ ਸੁਣਦੇ ਰਹਿਣਾ, ਜੀਭ ਨਾਲ ਨਾਮ ਜਪਦੇ ਰਹਿਣਾ-ਇਹੀ ਹੈ ਜਤਨ ਉਸ ਨੂੰ ਲੱਭ ਸਕਣ ਦਾ) ॥੧੪॥
58205	1362	ਪੰਕਜ ਫਾਥੇ ਪੰਕ ਮਹਾ ਮਦ ਗੁੰਫਿਆ॥		Pankaj Faathhae Pank Mehaa Madh Gunfiaa ||	The wings of the bumble bee are caught in the intoxicating fragrant petals of the lotus.	(ਕੌਲ ਫੁੱਲ ਦੀ) ਤੇਜ਼ ਸੁਗੰਧੀ ਵਿਚ ਮਸਤ ਹੋ ਜਾਣ ਦੇ ਕਾਰਨ (ਭੌਰੇ ਦੇ) ਖੰਭ ਕੌਲ ਫੁੱਲ (ਦੀਆਂ ਪੰਖੜੀਆਂ) ਵਿਚ ਫਸ ਜਾਂਦੇ ਹਨ,
58206	1362	ਅੰਗ ਸੰਗ ਉਰਝਾਇ ਬਿਸਰਤੇ ਸੁੰਫਿਆ॥	(ਸੁੰਫਿਆ) ਸਫ਼ਾਈ	Ang Sang Ourajhaae Bisarathae Sunfiaa ||	With its limbs entangled in the petals, it loses its senses.	(ਉਹਨਾਂ ਪੰਖੜੀਆਂ ਨਾਲ ਉਲਝ ਕੇ (ਭੌਰੇ ਨੂੰ) ਉਡਾਰੀਆਂ ਲਾਣੀਆਂ ਭੁੱਲ ਜਾਂਦੀਆਂ ਹਨ (ਇਹੀ ਹਾਲ ਹੈ ਜੀਵ-ਭੌਰੇ ਦਾ)।

58207	1363	ਹੈ ਕੋਊ ਐਸਾ ਮੀਤੁ ਜਿ ਤੋਰੈ ਬਿਖਮ ਗਾਂਠਿ॥		Hai Kooo Aisaa Meeth J Thorai Bikham Gaanth ||	Is there any such friend, who can untie this difficult knot?	ਕੋਈ ਵਿਰਲਾ ਹੀ ਇਹੋ ਜਿਹਾ (ਸੰਤ-) ਮਿੱਤਰ ਮਿਲਦਾ ਹੈ ਜੋ (ਇਸ ਜੀਵ-ਭੌਰੇ ਦੀ ਜਿੰਦ ਨੂੰ ਮਾਇਆ ਦੇ ਮੋਹ ਦੀ ਪਈ ਹੋਈ) ਪੱਕੀ ਗੰਢ ਤੋੜ ਸਕਦਾ ਹੈ।
58208	1363	ਨਾਨਕ ਇਕੁ ਸ੍ਰੀਧਰ ਨਾਥੁ ਜਿ ਟੂਟੇ ਲੇਇ ਸਾਂਠਿ॥੧੫॥		Naanak Eik Sreedhhar Naathh J Ttoottae Laee Saanth ||15||	O Nanak, the One Supreme Lord and Master of the earth reunites the separated ones. ||15||	ਹੇ ਨਾਨਕ! ਲੱਛਮੀ-ਦਾ-ਆਸਰਾ (ਸਾਰੇ ਜਗਤ ਦਾ) ਨਾਥ ਪ੍ਰਭੂ ਹੀ ਸਮਰੱਥ ਹੈ ਜੋ (ਆਪਣੇ ਨਾਲੋਂ) ਟੁੱਟੇ ਹੋਇਆਂ ਨੂੰ ਮੁੜ ਗੰਢ ਲੈਂਦਾ ਹੈ ॥੧੫॥
58209	1363	ਧਾਵਉ ਦਸਾ ਅਨੇਕ ਪ੍ਰੇਮ ਪ੍ਰਭ ਕਾਰਣੇ॥	ਸ਼ੁਭ ਗੁਣਾਂ ਰੂਪ (ਦਸਾ) ਦਿਸਾਂ ਨੂੰ। ਦਸਾਂ	Dhhaavo Dhasaa Anaek Praem Prabh Kaaranae ||	I run around in all directions, searching for the love of God.	ਪਰਮਾਤਮਾ (ਦੇ ਚਰਨਾਂ) ਦਾ ਪ੍ਰੇਮ ਹਾਸਲ ਕਰਨ ਵਾਸਤੇ ਮੈਂ ਕਈ ਪਾਸੀਂ ਦੌੜਦਾ ਫਿਰਦਾ ਹਾਂ,
58210	1363	ਪੰਚ ਸਤਾਵਹਿ ਦੂਤ ਕਵਨ ਬਿਧਿ ਮਾਰਣੇ॥		Panch Sathaavehi Dhooth Kavan Bidhh Maaranae ||	The five evil enemies are tormenting me; how can I destroy them?	(ਪਰ ਇਹ ਕਾਮਾਦਿਕ) ਪੰਜ ਵੈਰੀ ਸਤਾਂਦੇ (ਹੀ) ਰਹਿੰਦੇ ਹਨ। (ਇਹਨਾਂ ਨੂੰ) ਕਿਸ ਤਰੀਕੇ ਨਾਲ ਮਾਰਿਆ ਜਾਏ?
58211	1363	ਤੀਖਣ ਬਾਣ ਚਲਾਇ ਨਾਮੁ ਪ੍ਰਭ ਧ੍ਯਾਈਐ॥	ਧਿਆਈਐ	Theekhan Baan Chalaae Naam Prabh Dhhyaaeeai ||	Shoot them with the sharp arrows of meditation on the Name of God.	(ਇਹਨਾਂ ਨੂੰ ਮਾਰਨ ਦਾ ਤਰੀਕਾ ਇਹੀ ਹੈ ਕਿ) ਪਰਮਾਤਮਾ ਦਾ ਨਾਮ (ਸਦਾ) ਸਿਮਰਦੇ ਰਹਿਣਾ ਚਾਹੀਦਾ ਹੈ। (ਸਿਮਰਨ ਦੇ) ਤ੍ਰਿੱਖੇ ਤੀਰ ਚਲਾ ਕੇ-

58212	1363	ਹਰਿਹਾਂ ਮਹਾਂ ਬਿਖਾਦੀ ਘਾਤ ਪੂਰਨ ਗੁਰੁ ਪਾਈਐ॥੧੬॥	(ਮਹਾਂ) ਵੱਡੇ ਦੁੱਖ ਦੇਣ (ਬਿਖਾਦੀ) ਝਗੜਾਲੂ ਕਾਮਾਦਿ ਔਗੁਣ ਦਾ (ਘਾਤ) ਨਾਸ ਕਰਨਾ	Harihaan Mehaan Bikhaadhee Ghaath Pooran Gur Paaeeai ||16||	O Lord! The way to slaughter these terrible sadistic enemies is obtained from the Perfect Guru. ||16||	ਜਦੋਂ ਪੂਰਾ ਗੁਰੂ ਮਿਲਦਾ ਹੈ (ਉਸ ਦੀ ਸਹਾਇਤਾ ਨਾਲ ਇਹਨਾਂ ਕਾਮਾਦਿਕ) ਵੱਡੇ ਝਗੜਾਲੂਆਂ ਦਾ ਨਾਸ (ਕੀਤਾ ਜਾ ਸਕਦਾ ਹੈ) ॥੧੬॥
58213	1363	ਸਤਿਗੁਰ ਕੀਨੀ ਦਾਤਿ ਮੂਲਿ ਨ ਨਿਖੁਟਈ॥	ਨਿ-ਖੁੱਟਈ	Sathigur Keenee Dhaath Mool N Nikhuttee ||	The True Guru has blessed me with the bounty which shall never be exhausted.	ਗੁਰੂ ਦੀ ਬਖ਼ਸ਼ੀ ਹੋਈ ਹਰਿ-ਨਾਮ- ਦਾਤ ਕਦੇ ਭੀ ਨਹੀਂ ਮੁੱਕਦੀ,
58214	1363	ਖਾਵਹੁ ਭੁੰਚਹੁ ਸਭਿ ਗੁਰਮੁਖਿ ਛੁਟਈ॥	(ਭੁੰਚਹ) ਭੋਗੋ। ਛੁੱ-ਟਈ	Khaavahu Bhunchahu Sabh Guramukh Shhuttee ||	Eating and consuming it, all the Gurmukhs are emancipated.	ਬੇਸ਼ੱਕ ਤੁਸੀਂ ਸਾਰੇ ਇਸ ਦਾਤ ਨੂੰ ਵਰਤੋ। (ਸਗੋਂ) ਗੁਰੂ ਦੀ ਸਰਨ ਪੈ ਕੇ (ਇਸ ਦਾਤ ਨੂੰ ਵਰਤਣ ਵਾਲਾ ਮਨੁੱਖ ਵਿਕਾਰਾਂ ਤੋਂ) ਬਚਿਆ ਰਹਿੰਦਾ ਹੈ।
58215	1363	ਅੰਮ੍ਰਿਤੁ ਨਾਮੁ ਨਿਧਾਨੁ ਦਿਤਾ ਤੁਸਿ ਹਰਿ॥	ਤੁੱਸਿ	Anmrith Naam Nidhhaan Dhithaa Thus Har ||	The Lord, in His Mercy, has blessed me with the treasure of the Ambrosial Naam.	ਆਤਮਕ ਜੀਵਨ ਦੇਣ ਵਾਲਾ (ਇਹ) ਨਾਮ-ਖ਼ਜ਼ਾਨਾ ਪਰਮਾਤਮਾ (ਆਪ ਹੀ) ਖ਼ੁਸ਼ ਹੋ ਕੇ ਦੇਂਦਾ ਹੈ।
58216	1363	ਨਾਨਕ ਸਦਾ ਅਰਾਧਿ ਕਦੇ ਨ ਜਾਂਹਿ ਮਰਿ॥੧੭॥		Naanak Sadhaa Araadhh Kadhae N Jaanhi Mar ||17||	O Nanak, worship and adore the Lord, who never dies. ||17||	ਹੇ ਨਾਨਕ! (ਆਖ-ਹੇ ਭਾਈ!) ਸਦਾ ਇਸ ਨਾਮ ਨੂੰ ਸਿਮਰਿਆ ਕਰ, ਤੈਨੂੰ ਕਦੇ ਆਤਮਕ ਮੌਤ ਨਹੀਂ ਆਵੇਗੀ ॥੧੭॥

58217	1363	ਜਿਥੈ ਜਾਏ ਭਗਤੁ ਸੁ ਥਾਨੁ ਸੁਹਾਵਣਾ॥		Jithhai Jaaeae Bhagath S Thhaan Suhaavanaa ||	Wherever the Lord's devotee goes is a blessed, beautiful place.	ਜਿਸ ਥਾਂ ਤੇ (ਭੀ ਕੋਈ ਪਰਮਾਤਮਾ ਦਾ) ਭਗਤ ਜਾ ਬੈਠਦਾ ਹੈ, ਉਹ ਥਾਂ (ਸਿਫ਼ਤ-ਸਾਲਾਹ ਦੇ ਵਾਯੂ-ਮੰਡਲ ਨਾਲ) ਸੁਖਦਾਈ ਬਣ ਜਾਂਦਾ ਹੈ,
58218	1363	ਸਗਲੇ ਹੋਏ ਸੁਖ ਹਰਿ ਨਾਮੁ ਧਿਆਵਣਾ॥		Sagalae Hoeae Sukh Har Naam Dhhiaavanaa ||	All comforts are obtained, meditating on the Lord's Name.	ਪਰਮਾਤਮਾ ਦਾ ਨਾਮ ਸਿਮਰਦਿਆਂ (ਉਥੇ) ਸਾਰੇ ਸੁਖ ਹੋ ਜਾਂਦੇ ਹਨ।
58219	1363	ਜੀਅ ਕਰਨਿ ਜੈਕਾਰੁ ਨਿੰਦਕ ਮੁਏ ਪਚਿ॥		Jeea Karan Jaikaar Nindhak Mueae Pach ||	People praise and congratulate the devotee of the Lord, while the slanderers rot and die.	(ਉਥੇ ਆਂਢ-ਗੁਆਂਢ ਰਹਿਣ ਵਾਲੇ ਸਾਰੇ) ਜੀਅ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨ ਲੱਗ ਪੈਂਦੇ ਹਨ। (ਪਰ ਭਾਗਾਂ ਦੀ ਗੱਲ ਹੈ ਕਿ) ਨਿੰਦਾ ਕਰਨ ਵਾਲੇ ਮਨੁੱਖ (ਸੰਤ ਜਨਾਂ ਦੀ ਵਡਿਆਈ ਵੇਖ ਕੇ ਈਰਖਾ ਦੀ ਅੱਗ ਨਾਲ) ਸੜ ਸੜ ਕੇ ਆਤਮਕ ਮੌਤ ਸਹੇੜ ਲੈਂਦੇ ਹਨ।
58220	1363	ਸਾਜਨ ਮਨਿ ਆਨੰਦੁ ਨਾਨਕ ਨਾਮੁ ਜਪਿ॥੧੮॥		Saajan Man Aanandh Naanak Naam Jap ||18||	Says Nanak, O friend, chant the Naam, and your mind shall be filled with bliss. ||18||	ਹੇ ਨਾਨਕ! ਪਰਮਾਤਮਾ ਦਾ ਨਾਮ ਜਪ ਜਪ ਕੇ ਸੱਜਣ ਜਨਾਂ ਦੇ ਮਨ ਵਿਚ ਖ਼ੁਸ਼ੀ ਪੈਦਾ ਹੁੰਦੀ ਹੈ ॥੧੮॥

58221	1363	ਪਾਵਨ ਪਤਿਤ ਪੁਨੀਤ ਕਤਹ ਨਹੀ ਸੇਵੀਐ॥		Paavan Pathith Puneeth Katheh Nehee Saeveeai ||	The mortal never serves the Immaculate Lord, the Purifier of sinners.	(ਮਾਇਆ ਦੇ ਝੂਠੇ ਰੰਗ ਵਿਚ ਟਿਕੇ ਰਹਿ ਕੇ) ਪਵਿੱਤਰ-ਸਰੂਪ ਹਰੀ ਨੂੰ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲੇ ਹਰੀ ਨੂੰ ਕਦੇ ਭੀ ਸਿਮਰਿਆ ਨਹੀਂ ਜਾ ਸਕਦਾ
58222	1363	ਝੂਠੈ ਰੰਗਿ ਖੁਆਰੁ ਕਹਾਂ ਲਗੁ ਖੇਵੀਐ॥		Jhoothai Rang Khuaar Kehaan Lag Khaeveeai ||	The mortal wastes away in false pleasures. How long can this go on?	ਮਾਇਕ ਪਦਾਰਥਾਂ ਦੇ ਮੋਹ ਵਿਚ (ਫਸੇ ਰਹਿ ਕੇ ਜ਼ਿੰਦਗੀ ਦੀ) ਬੇੜੀ ਬਹੁਤਾ ਵਿਚ (ਸੁਖ ਨਾਲ) ਨਹੀਂ ਚਲਾਈ ਜਾ ਸਕਦੀ, (ਆਖ਼ਰ) ਖ਼ੁਆਰ ਹੀ ਹੋਈਦਾ ਹੈ।
58223	1363	ਹਰਿਚੰਦਉਰੀ ਪੇਖਿ ਕਾਹੇ ਸੁਖੁ ਮਾਨਿਆ॥	ਹਰਿ-ਚੰਦਉਰੀ	Harichandhouree Paekh Kaahae Sukh Maaniaa ||	Why do you take such pleasure, looking at this mirage?	(ਮਾਇਕ ਪਦਾਰਥਾਂ ਦੇ ਇਹਨਾਂ) ਹਵਾਈ ਕਿਲ੍ਹਿਆਂ ਨੂੰ ਵੇਖ ਵੇਖ ਕੇ ਤੂੰ ਕਿਉਂ ਸੁਖ ਪ੍ਰਤੀਤ ਕਰ ਰਿਹਾ ਹੈਂ? (ਨਾਹ ਇਹ ਸਦਾ ਕਾਇਮ ਰਹਿਣੇ, ਅਤੇ ਨਾਹ ਹੀ ਇਹਨਾਂ ਦੇ ਮੋਹ ਵਿਚ ਫਸਿਆਂ ਪ੍ਰਭੂ ਦਰ ਤੇ ਆਦਰ ਮਿਲਣਾ)।
58224	1363	ਹਰਿਹਾਂ ਹਉ ਬਲਿਹਾਰੀ ਤਿੰਨ ਜਿ ਦਰਗਹਿ ਜਾਨਿਆ॥੧੯॥		Harihaan Ho Balihaaree Thinn J Dharagehi Jaaniaa ||19||	O Lord! I am a sacrifice to those who are known and approved in the Court of the Lord. ||19||	ਮੈਂ (ਤਾਂ) ਉਹਨਾਂ ਤੋਂ ਸਦਕੇ ਜਾਂਦਾ ਹਾਂ ਜਿਹੜੇ (ਪਰਮਾਤਮਾ ਦਾ ਨਾਮ ਜਪ ਜਪ ਕੇ) ਪਰਮਾਤਮਾ ਦੀ ਹਜ਼ੂਰੀ ਵਿਚ ਸਤਕਾਰੇ ਜਾਂਦੇ ਹਨ ॥੧੯॥

58225	1363	ਕੀਨੇ ਕਰਮ ਅਨੇਕ ਗਵਾਰ ਬਿਕਾਰ ਘਨ॥		Keenae Karam Anaek Gavaar Bikaar Ghan ||	The fool commits countless foolish actions and so many sinful mistakes.	ਮੂਰਖ ਮਨੁੱਖ ਅਨੇਕਾਂ ਹੀ ਕੁਕਰਮ ਕਰਦਾ ਰਹਿੰਦਾ ਹੈ।
58226	1363	ਮਹਾ ਦੁਰਗੰਧਤ ਵਾਸੁ ਸਠ ਕਾ ਛਾਰੁ ਤਨ॥	ਸਠ: ਪੋਲਾ ਬੋਲੋ	Mehaa Dhraagandhhath Vaas Sath Kaa Shhaar Than ||	The fool's body smells rotten, and turns to dust.	ਵੱਡੇ ਕੁਕਰਮਾਂ ਦੀ ਗੰਦਗੀ ਵਿਚ ਇਸ ਦਾ ਨਿਵਾਸ ਹੋਇਆ ਰਹਿੰਦਾ ਹੈ ਜਿਸ ਕਰਕੇ ਮੂਰਖ ਦਾ ਸਰੀਰ ਮਿੱਟੀ ਵਿਚ ਰੁਲ ਜਾਂਦਾ ਹੈ (ਅਮੋਲਕ ਮਨੁੱਖਾ ਸਰੀਰ ਕੌਡੀ ਦੇ ਬਰਾਬਰ ਦਾ ਨਹੀਂ ਰਹਿ ਜਾਂਦਾ)।
58227	1363	ਫਿਰਤਉ ਗਰਬ ਗੁਬਾਰਿ ਮਰਣੁ ਨਹ ਜਾਨਈ॥		Firatho Garab Gubaar Maran Neh Jaanee ||	He wanders lost in the darkness of pride, and never thinks of dying.	(ਅਜਿਹਾ ਮਨੁੱਖ) ਅਹੰਕਾਰ ਦੇ ਹਨੇਰੇ ਵਿਚ ਤੁਰਿਆ ਫਿਰਦਾ ਹੈ, ਇਸ ਨੂੰ ਮੌਤ (ਭੀ) ਨਹੀਂ ਸੁੱਝਦੀ।
58228	1363	ਹਰਿਹਾਂ ਹਰਿਚੰਦਉਰੀ ਪੇਖਿ ਕਾਹੇ ਸਚੁ ਮਾਨਈ॥੨੦॥	ਮਾ-ਨਈ	Harihaan Harichandhouree Paekh Kaahae Sach Maanee ||20||	O Lord! The mortal gazes upon the mirage; why does he think it is true? ||20||	ਇਸ ਹਵਾਈ ਕਿਲ੍ਹੇ ਨੂੰ ਵੇਖ ਵੇਖ ਕੇ ਪਤਾ ਨਹੀਂ, ਇਹ ਕਿਉਂ ਇਸ ਨੂੰ ਸਦਾ-ਕਾਇਮ ਰਹਿਣਾ ਮੰਨੀ ਬੈਠਾ ਹੈ ॥੨੦॥
58229	1363	ਜਿਸ ਕੀ ਪੂਜੈ ਅਉਧ ਤਿਸੈ ਕਉਣੁ ਰਾਖਈ॥	ਪੂੱਜੈ। ਰਾ-ਖਈ	Jis Kee Poojai Aoudhh Thisai Koun Raakhee ||	When someone's days are over, who can save him?	ਜਿਸ (ਮਨੁੱਖ) ਦੀ (ਉਮਰ ਦੀ) ਆਖ਼ਰੀ ਹੱਦ ਪਹੁੰਚ ਜਾਂਦੀ ਹੈ, ਉਸ ਨੂੰ ਕੋਈ ਮਨੁੱਖ (ਮੌਤ ਦੇ ਮੂੰਹੋਂ) ਬਚਾ ਨਹੀਂ ਸਕਦਾ।

58230	1363	ਬੈਦਕ ਅਨਿਕ ਉਪਾਵ ਕਹਾਂ ਲਉ ਭਾਖਈ॥	ਭਾਖ-ਈ	Baidhak Anik Oupaav Kehaan Lo Bhaakhee ||	How long can the physicians go on, suggesting various therapies?	ਹਿਕਮਤ-ਵਿੱਦਿਆ ਦੇ ਅਨੇਕਾਂ ਹੀ ਢੰਗ (ਨੁਸਖ਼ੇ) ਕਿੱਥੋਂ ਤਕ (ਕੋਈ) ਦੱਸ ਸਕਦਾ ਹੈ?
58231	1363	ਏਕੋ ਚੇਤਿ ਗਵਾਰ ਕਾਜਿ ਤੇਰੈ ਆਵਈ॥	ਆਵ-ਈ	Eaeko Chaeth Gavaar Kaaj Thaerai Aavee ||	You fool, remember the One Lord; only He shall be of use to you in the end.	ਹੇ ਮੂਰਖ! ਇਕ ਪਰਮਾਤਮਾ ਨੂੰ ਹੀ ਯਾਦ ਕਰਿਆ ਕਰ, (ਉਹ ਹੀ ਹਰ ਵੇਲੇ) ਤੇਰੇ ਕੰਮ ਆਉਂਦਾ ਹੈ।
58232	1363	ਹਰਿਹਾਂ ਬਿਨੁ ਨਾਵੈ ਤਨੁ ਛਾਰੁ ਬ੍ਰਿਥਾ ਸਭੁ ਜਾਵਈ॥੨੧॥	ਜਾ-ਵਈ	Harihaan Bin Naavai Than Shhaar Brithhaa Sabh Jaavee ||21||	O Lord! Without the Name, the body turns to dust, and everything goes to waste. ||21||	ਪਰਮਾਤਮਾ ਦੇ ਨਾਮ ਤੋਂ ਬਿਨਾ ਇਹ ਸਰੀਰ ਮਿੱਟੀ (ਸਮਾਨ) ਹੈ, ਸਾਰਾ ਵਿਅਰਥ ਚਲਾ ਜਾਂਦਾ ਹੈ ॥੨੧॥
58233	1363	ਅਉਖਧੁ ਨਾਮੁ ਅਪਾਰੁ ਅਮੋਲਕੁ ਪੀਜਈ॥	ਪੀ-ਜਈ	Aoukhadhh Naam Apaar Amolak Peejee ||	Drink in the medicine of the Incomparable, Priceless Name.	(ਆਤਮਕ ਰੋਗਾਂ ਨੂੰ ਦੂਰ ਕਰਨ ਲਈ ਪਰਮਾਤਮਾ ਦਾ) ਨਾਮ (ਹੀ) ਦਵਾਈ ਹੈ, ਬਹੁਤ ਹੀ ਕੀਮਤੀ ਦਵਾਈ ਹੈ। (ਇਹ ਦਵਾਈ ਸਾਧ ਸੰਗਤ ਵਿਚ ਮਿਲ ਕੇ) ਕੀਤੀ ਜਾ ਸਕਦੀ ਹੈ।
58234	1363	ਮਿਲਿ ਮਿਲਿ ਖਾਵਹਿ ਸੰਤ ਸਗਲ ਕਉ ਦੀਜਈ॥	ਦੀ-ਜਈ	Mil Mil Khaavehi Santh Sagal Ko Dheejee ||	Meeting and joining together, the Saints drink it in, and give it to everyone.	(ਸਾਧ ਸੰਗਤ ਵਿਚ) ਸੰਤ ਜਨ ਸਦਾ ਮਿਲ ਕੇ (ਇਹ ਹਰਿ-ਨਾਮ ਦਵਾਈ) ਖਾਂਦੇ ਰਹਿੰਦੇ ਹਨ (ਜਿਹੜੇ ਭੀ ਵਡਭਾਗੀ ਸਾਧ ਸੰਗਤ ਵਿਚ ਜਾਂਦੇ ਹਨ, ਉਹਨਾਂ) ਸਾਰਿਆਂ ਨੂੰ (ਇਹ ਨਾਮ-ਦਵਾਈ) ਵੰਡੀ ਜਾਂਦੀ ਹੈ।

58235	1363	ਜਿਸੈ ਪਰਾਪਤਿ ਹੋਇ ਤਿਸੈ ਹੀ ਪਾਵਣੇ॥		Jisai Paraapath Hoe Thisai Hee Paavanae ||	He alone is blessed with it, who is destined to receive it.	ਪਰ ਉਸੇ ਮਨੁੱਖ ਨੂੰ ਇਹ ਨਾਮ-ਦਵਾਈ ਮਿਲਦੀ ਹੈ, ਜਿਸ ਦੇ ਭਾਗਾਂ ਵਿਚ ਇਸ ਦਾ ਮਿਲਣਾ ਲਿਖਿਆ ਹੁੰਦਾ ਹੈ।
58236	1363	ਹਰਿਹਾਂ ਹਉ ਬਲਿਹਾਰੀ ਤਿੰਨ੍ ਜਿ ਹਰਿ ਰੰਗੁ ਰਾਵਣੇ॥੨੨॥		Harihaan Ho Balihaaree Thinnh J Har Rang Raavanae ||22||	O Lord! I am a sacrifice to those who enjoy the Love of the Lord. ||22||	ਮੈਂ ਸਦਕੇ ਜਾਂਦਾ ਹਾਂ ਉਹਨਾਂ ਤੋਂ ਜਿਹੜੇ (ਹਰਿ-ਨਾਮ ਜਪ ਕੇ) ਪ੍ਰਭੂ-ਮਿਲਾਪ ਦਾ ਆਨੰਦ ਮਾਣਦੇ ਹਨ ॥੨੨॥
58237	1363	ਵੈਦਾ ਸੰਦਾ ਸੰਗੁ ਇਕਠਾ ਹੋਇਆ॥	ਵੈਦਾਂ	Vaidhaa Sandhaa Sang Eikathaa Hoeiaa ||	The physicians meet together in their assembly.	(ਸਾਧ ਸੰਗਤ ਵਿਚ ਆਤਮਕ ਮੌਤ ਤੋਂ ਬਚਾਣ ਵਾਲੇ) ਹਕੀਮਾਂ (ਸੰਤ-ਜਨਾਂ) ਦੀ ਸੰਗਤ ਇਕੱਠੀ ਹੁੰਦੀ ਹੈ।
58238	1363	ਅਉਖਦ ਆਏ ਰਾਸਿ ਵਿਚਿ ਆਪਿ ਖਲੋਇਆ॥		Aoukhadh Aaeae Raas Vich Aap Khaloeiaa ||	The medicines are effective, when the Lord Himself stands in their midst.	(ਉਹਨਾਂ ਦੀ ਵਰਤੀ ਹੋਈ ਤੇ ਦੱਸੀ ਹੋਈ ਹਰਿ-ਨਾਮ ਸਿਮਰਨ ਦੀ) ਦਵਾਈ (ਸਾਧ ਸੰਗਤ ਵਿਚ) ਆਪਣਾ ਪੂਰਾ ਅਸਰ ਕਰਦੀ ਹੈ (ਕਿਉਂਕਿ ਉਸ ਇਕੱਠ ਵਿਚ ਪਰਮਾਤਮਾ ਆਪ ਹਾਜ਼ਰ ਰਹਿੰਦਾ ਹੈ)।
58239	1363	ਜੋ ਜੋ ਓਨਾ ਕਰਮ ਸੁਕਰਮ ਹੋਇ ਪਸਰਿਆ॥	(ਕਰਮ) ਸਮਾਨ ਕਰਮ (ਸੁ-ਕਰਮ) ਸ੍ਰੇਸ਼ਟ ਕਰਮ	Jo Jo Ounaa Karam Sukaram Hoe Pasariaa ||	Their good deeds and karma become apparent.	(ਆਤਮਕ ਰੋਗਾਂ ਦੇ ਉਹ ਵੈਦ ਸੰਤ-ਜਨ) ਜਿਹੜੇ ਜਿਹੜੇ ਨਿੱਤ ਦੇ ਕਰਤੱਬ ਕਰਦੇ ਹਨ (ਉਹ ਸਾਧ ਸੰਗਤ ਵਿਚ ਆਏ ਆਮ ਲੋਕਾਂ ਦੇ ਸਾਹਮਣੇ) ਵਧੀਆ ਪੂਰਨੇ ਬਣ ਕੇ ਪਰਗਟ ਹੁੰਦੇ ਹਨ,

58240	1363	ਹਰਿਹਾਂ ਦੂਖ ਰੋਗ ਸਭਿ ਪਾਪ ਤਨ ਤੇ ਖਿਸਰਿਆ॥੨੩॥		Harihaan Dhookh Rog Sabh Paap Than Thae Khisariaa ||23||	O Lord! Pains, diseases and sins all vanish from their bodies. ||23||	(ਇਸੇ ਵਾਸਤੇ ਸਾਧ ਸੰਗਤ ਵਿਚ ਆਏ ਵਡਭਾਗੀਆਂ ਦੇ) ਸਰੀਰ ਤੋਂ ਸਾਰੇ ਦੁੱਖ ਸਾਰੇ ਰੋਗ ਸਾਰੇ ਪਾਪ ਦੂਰ ਹੋ ਜਾਂਦੇ ਹਨ ॥੨੩॥
58241	1363	ਚਉਬੋਲੇ ਮਹਲਾ ੫		Choubolae Mehalaa 5	Chaubolas, Fifth Mehl:	ਗੁਰੂ ਅਰਜਨਦੇਵ ਜੀ ਦੀ ਬਾਣੀ 'ਚਉਬੋਲੇ'।
58242	1363	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
58243	1363	ਸੰਮਨ ਜਉ ਇਸ ਪ੍ਰੇਮ ਕੀ ਦਮ ਖ੍ਿਹੁ ਹੋਤੀ ਸਾਟ॥	(ਦਮ) ਦਮੜਿਆਂ (ਖ੍ਿਹੁ) ਦੇ। (ਸਾਟ) ਮੁੱਲ ਵੱਟੇ। ਕਿਅਹੁ (ਦੂਜਾ ਪਾਠ: ਦਮਖ੍ਿਹੁ)	Sanman Jo Eis Praem Kee Dham Kiyahu Hothee Saatt ||	O Samman, if one could buy this love with money,	ਹੇ ਦਾਨੀ ਮਨੁੱਖ! (ਧਨ ਦੇ ਵੱਟੇ ਹਰਿ-ਨਾਮ ਦਾ ਪ੍ਰੇਮ ਨਹੀਂ ਮਿਲ ਸਕਦਾ) ਜੇ ਇਸ ਪ੍ਰੇਮ ਦਾ ਵਟਾਂਦਰਾ ਧਨ ਤੋਂ ਹੋ ਸਕਦਾ,
58244	1363	ਰਾਵਨ ਹੁਤੇ ਸੁ ਰੰਕ ਨਹਿ ਜਿਨਿ ਸਿਰ ਦੀਨੇ ਕਾਟਿ॥੧॥	ਰਾਵਨ (ਰੰਕ) ਕੰਗਾਲ ਨਹਿ (ਹੁਤੇ) ਸੀ, ਸਿਰ (ਕਾਟਿ) ਕੱਟ ਕੇ ਦਿਤੇ, ਸ਼ਿਵਜੀ ਨੂੰ	Raavan Huthae S Rank Nehi Jin Sir Dheenae Kaatt ||1||	Then consider Raawan the king. He was not poor, but he could not buy it, even though he offered his head to Shiva. ||1||	ਤਾਂ ਉਹ (ਰਾਵਣ) ਜਿਸ ਨੇ ਸ਼ਿਵ ਜੀ ਨੂੰ ਖ਼ੁਸ਼ ਕਰਨ ਲਈ ਗਿਆਰਾਂ ਵਾਰੀ ਆਪਣੇ) ਸਿਰ ਕੱਟ ਕੇ ਦਿੱਤੇ ਸਨ (ਸਿਰ ਦੇਣ ਦੇ ਥਾਂ ਬੇਅੰਤ ਧਨ ਦੇ ਦੇਂਦਾ, ਕਿਉਂਕਿ) ਰਾਵਣ ਵਰਗੇ ਕੰਗਾਲ ਨਹੀਂ ਸਨ ॥੧॥

58245	1363	ਪ੍ਰੀਤਿ ਪ੍ਰੇਮ ਤਨੁ ਖਚਿ ਰਹਿਆ ਬੀਚੁ ਨ ਰਾਈ ਹੋਤ॥		Preeth Praem Than Khach Rehiaa Beech N Raaee Hoth ||	My body is drenched in love and affection for the Lord; there is no distance at all between us.	(ਹੇ ਦਾਨੀ ਮਨੁੱਖ! ਵੇਖ, ਜਿਸ ਮਨੁੱਖ ਦਾ) ਹਿਰਦਾ (ਆਪਣੇ ਪ੍ਰੀਤਮ ਦੇ) ਪ੍ਰੇਮ-ਪਿਆਰ ਵਿਚ ਮਗਨ ਹੋਇਆ ਰਹਿੰਦਾ ਹੈ (ਉਸ ਦੇ ਅੰਦਰ ਆਪਣੇ ਪ੍ਰੀਤਮ ਨਾਲੋਂ) ਰਤਾ ਭਰ ਭੀ ਵਿੱਥ ਨਹੀਂ ਹੁੰਦੀ,
58246	1363	ਚਰਨਕਮਲ ਮਨੁ ਬੇਧਿਓ ਬੂਝਨੁ ਸੁਰਤਿ ਸੰਜੋਗ॥੨॥		Charan Kamal Man Baedhhiou Boojhan Surath Sanjog ||2||	My mind is pierced through by the Lotus Feet of the Lord. He is realized when one's intuitive consciousness is attuned to Him. ||2||	(ਜਿਵੇਂ ਭੌਰਾ ਕੌਲ-ਫੁੱਲ ਵਿਚ ਵਿੱਝ ਜਾਂਦਾ ਹੈ, ਤਿਵੇਂ ਉਸ ਮਨੁੱਖ ਦਾ) ਮਨ (ਪਰਮਾਤਮਾ ਦੇ) ਸੋਹਣੇ ਚਰਨਾਂ ਵਿਚ ਵਿੱਝਿਆ ਰਹਿੰਦਾ ਹੈ, ਉਸ ਦੀ ਸਮਝਣ ਵਾਲੀ ਮਾਨਸਕ ਤਾਕਤ ਲਗਨ ਵਿਚ ਹੀ ਲੀਨ ਹੋਈ ਰਹਿੰਦੀ ਹੈ ॥੨॥
58247	1364	ਸਾਗਰ ਮੇਰ ਉਦਿਆਨ ਬਨ ਨਵ ਖੰਡ ਬਸੁਧਾ ਭਰਮ॥		Saagar Maer Oudhiaan Ban Nav Khandd Basudhhaa Bharam ||	I would cross the oceans, mountains, wilderness, forests and the nine regions of the earth in a single step,	ਸਮੁੰਦਰ, ਪਰਬਤ, ਜੰਗਲ, ਸਾਰੀ ਧਰਤੀ-(ਇਹਨਾਂ ਦੀ ਜਾਤ੍ਰਾ ਆਦਿਕ ਦੀ ਖ਼ਾਤਰ) ਭ੍ਰਮਣ ਕਰਨ ਵਿਚ ਹੀ-
58248	1364	ਮੂਸਨ ਪ੍ਰੇਮ ਪਿਰੰਮ ਕੈ ਗਨਉ ਏਕ ਕਰਿ ਕਰਮ॥੩॥		Moosan Praem Piranm Kai Gano Eaek Kar Karam ||3||	O Musan, for the Love of my Beloved. ||3||	ਆਤਮਕ ਜੀਵਨ ਵਲੋਂ ਲੁੱਟੇ ਜਾ ਰਹੇ ਹੇ ਮਨੁੱਖ! ਪ੍ਰੀਤਮ-ਪ੍ਰਭੂ ਦੇ ਪ੍ਰੇਮ ਦੇ ਰਸਤੇ ਵਿਚ ਮੈਂ ਤਾਂ (ਇਸ ਸਾਰੇ ਰਟਨ ਨੂੰ) ਸਿਰਫ਼ ਇਕ ਕਦਮ ਦੇ ਬਰਾਬਰ ਹੀ ਸਮਝਦਾ ਹਾਂ ॥੩॥

58249	1364	ਮੂਸਨ ਮਸਕਰ ਪ੍ਰੇਮ ਕੀ ਰਹੀ ਜੁ ਅੰਬਰੁ ਛਾਇ॥	ਜੋ ਪ੍ਰੇਮ ਰੂਪੀ ਚੰਦ੍ਰਮਾ ਦੀ ਮ(ਸਕਰ) ਚਾਂਦਨੀ, ਰਿਦੇ ਰੂਪੀ ਅੰਬਰੁ ਚ ਛਾਇ ਰਹੀ ਹੈ	Moosan Masakar Praem Kee Rehee J Anbar Shhaae ||	O Musan, the Light of the Lord's Love has spread across the sky;	ਹੇ ਆਤਮਕ ਜੀਵਨ ਲੁਟਾ ਰਹੇ ਮਨੁੱਖ! (ਚੰਦ ਦੀ) ਚਾਨਣੀ ਸਾਰੇ ਆਕਾਸ਼ ਉਤੇ ਖਿਲਰੀ ਹੋਈ ਹੁੰਦੀ ਹੈ,
58250	1364	ਬੀਧੇ ਬਾਂਧੇ ਕਮਲ ਮਹਿ ਭਵਰ ਰਹੇ ਲਪਟਾਇ॥੪॥		Beedhhae Baandhhae Kamal Mehi Bhavar Rehae Lapattaae ||4||	I cling to my Lord, like the bumble bee caught in the lotus flower. ||4||	(ਉਸ ਵੇਲੇ) ਭੌਰੇ ਕੌਲ-ਫੁੱਲ ਵਿਚ ਵਿੱਝੇ ਹੋਏ ਬੱਝੇ ਹੋਏ (ਕੌਲ-ਫੁੱਲ ਵਿਚ ਹੀ) ਲਪਟ ਰਹੇ ਹੁੰਦੇ ਹਨ (ਇਸੇ ਤਰ੍ਹਾਂ ਜਿਨ੍ਹਾਂ ਮਨੁੱਖਾਂ ਦੇ ਹਿਰਦੇ-) ਆਕਾਸ਼ ਨੂੰ ਪ੍ਰਭੂ-ਪ੍ਰੇਮ ਦੀ ਚਾਨਣੀ ਰੌਸ਼ਨ ਕਰ ਰਹੀ ਹੁੰਦੀ ਹੈ (ਉਹ ਮਨੁੱਖ ਪ੍ਰਭੂ-ਪ੍ਰੇਮ ਵਿਚ) ਵਿੱਝੇ ਹੋਏ (ਪ੍ਰਭੂ ਦੇ) ਸੋਹਣੇ ਚਰਨਾਂ ਵਿਚ ਜੁੜੇ ਰਹਿੰਦੇ ਹਨ ॥੪॥
58251	1364	ਜਪ ਤਪ ਸੰਜਮ ਹਰਖ ਸੁਖ ਮਾਨ ਮਹਤ ਅਰੁ ਗਰਬ॥	ਮ–ਹੱਤ	Jap Thap Sanjam Harakh Sukh Maan Mehath Ar Garab ||	Chanting and intense meditation, austere self-discipline, pleasure and peace, honor, greatness and pride	(ਦੇਵਤਿਆਂ ਨੂੰ ਪ੍ਰਸੰਨ ਕਰਨ ਦੀ ਖ਼ਾਤਰ ਮੰਤ੍ਰਾਂ ਦੇ) ਜਾਪ, ਧੂਣੀਆਂ ਤਪਾਣੀਆਂ, ਇੰਦ੍ਰਿਆਂ ਨੂੰ ਵੱਸ ਕਰਨ ਲਈ (ਪੁੱਠੇ ਲਟਕਣ ਆਦਿਕ ਦੇ ਅਨੇਕਾਂ) ਜਤਨ- ਇਹਨਾਂ ਸਾਧਨਾਂ ਤੋਂ ਮਿਲੀ ਖ਼ੁਸ਼ੀ, ਇੱਜ਼ਤ, ਵਡਿਆਈ, ਇਹਨਾਂ ਤੋਂ ਮਿਲਿਆ ਸੁਖ ਅਤੇ ਅਹੰਕਾਰ-

58252	1364	ਮੂਸਨ ਨਿਮਖਕ ਪ੍ਰੇਮ ਪਰਿ ਵਾਰਿ ਵਾਰਿ ਦੇਂਉ ਸਰਬ॥੫॥		Moosan Nimakhak Praem Par Vaar Vaar Dhaeno Sarab ||5||	- O Musan, I would dedicate and sacrifice all these for a moment of my Lord's Love. ||5||	ਇਹਨਾਂ ਵਿਚ ਹੀ ਆਤਮਕ ਜੀਵਨ ਨੂੰ ਲੁਟਾ ਰਹੇ ਹੇ ਮਨੁੱਖ! ਮੈਂ ਤਾਂ ਅੱਖ ਝਮਕਣ ਜਿਤਨੇ ਸਮੇ ਲਈ ਮਿਲੇ ਪ੍ਰਭੂ-ਪਿਆਰ ਤੋਂ ਇਹਨਾਂ ਸਾਰੇ ਸਾਧਨਾਂ ਨੂੰ ਕੁਰਬਾਨ ਕਰਦਾ ਹਾਂ ॥੫॥
58253	1364	ਮੂਸਨ ਮਰਮੁ ਨ ਜਾਨਈ ਮਰਤ ਹਿਰਤ ਸੰਸਾਰ॥	(ਹਿਰਤ) ਦੇਖੀਦਾ ਹੈ	Moosan Maram N Jaanee Marath Hirath Sansaar ||	O Musan, the world does not understand the Mystery of the Lord; it is dying and being plundered.	ਹੇ ਆਤਮਕ ਜੀਵਨ ਨੂੰ ਲੁਟਾ ਰਹੇ ਮਨੁੱਖ! (ਵੇਖ, ਤੇਰੇ ਵਾਂਗ ਹੀ ਇਹ) ਜਗਤ (ਪ੍ਰੇਮ ਦਾ) ਭੇਤ ਨਹੀਂ ਜਾਣਦਾ, (ਤੇ) ਆਤਮਕ ਮੌਤੇ ਮਰ ਰਿਹਾ ਹੈ, ਆਤਮਕ ਜੀਵਨ ਦੀ ਰਾਸ-ਪੂੰਜੀ ਲੁਟਾ ਰਿਹਾ ਹੈ,
58254	1364	ਪ੍ਰੇਮ ਪਿਰੰਮ ਨ ਬੇਧਿਓ ਉਰਝਿਓ ਮਿਥ ਬਿਉਹਾਰ॥੬॥		Praem Piranm N Baedhhiou Ourajhiou Mithh Biouhaar ||6||	It is not pierced through by the Love of the Beloved Lord; it is entangled in false pursuits. ||6||	ਪ੍ਰੀਤਮ-ਪ੍ਰਭੂ ਦੇ ਪਿਆਰੇ ਵਿਚ ਨਹੀਂ ਵਿੱਝਦਾ, ਨਾਸਵੰਤ ਪਦਾਰਥਾਂ ਦੇ ਵਿਹਾਰ-ਕਾਰ ਵਿਚ ਹੀ ਫਸਿਆ ਰਹਿੰਦਾ ਹੈ ॥੬॥
58255	1364	ਘਬੁ ਦਬੁ ਜਬ ਜਾਰੀਐ ਬਿਛੁਰਤ ਪ੍ਰੇਮ ਬਿਹਾਲ॥		Ghab Dhab Jab Jaareeai Bishhurath Praem Bihaal ||	When someone's home and property are burnt, because of his attachment to them, he suffers in the sorrow of separation.	(ਜਦੋਂ ਕਿਸੇ ਮਨੁੱਖ ਦਾ) ਘਰ ਸੜ ਜਾਂਦਾ ਹੈ ਧਨ-ਪਦਾਰਥ ਸੜ ਜਾਂਦਾ ਹੈ (ਉਸ ਜਾਇਦਾਦ ਤੋਂ) ਵਿਛੁੜਿਆ ਹੋਇਆ ਉਹ ਮਨੁੱਖ ਉਸ ਦੇ ਮੋਹ ਦੇ ਕਾਰਨ ਬੜਾ ਦੁਖੀ ਹੁੰਦਾ ਹੈ (ਤੇ ਪੁਕਾਰਦਾ ਹੈ 'ਮੈਂ ਲੁੱਟਿਆ ਗਿਆ, ਮੈਂ ਲੁੱਟਿਆ ਗਿਆ)।

58256	1364	ਮੂਸਨ ਤਬ ਹੀ ਮੂਸੀਐ ਬਿਸਰਤ ਪੁਰਖ ਦਇਆਲ॥੭॥		Moosan Thab Hee Mooseeai Bisarath Purakh Dhaeiaal ||7||	O Musan, when mortals forget the Merciful Lord God, then they are truly plundered. ||7||	ਪਰ ਆਤਮਕ ਜੀਵਨ ਨੂੰ ਲੁਟਾ ਰਹੇ ਹੇ ਮਨੁੱਖ! (ਅਸਲ ਵਿਚ) ਤਦੋਂ ਹੀ ਲੁੱਟੇ ਜਾਈਦਾ ਹੈ ਜਦੋਂ ਦਇਆ ਦਾ ਸੋਮਾ ਅਕਾਲ ਪੁਰਖ (ਮਨੋਂ) ਭੁੱਲਦਾ ਹੈ ॥੭॥
58257	1364	ਜਾ ਕੋ ਪ੍ਰੇਮ ਸੁਆਉ ਹੈ ਚਰਨ ਚਿਤਵ ਮਨ ਮਾਹਿ॥		Jaa Ko Praem Suaao Hai Charan Chithav Man Maahi ||	Whoever enjoys the taste of the Lord's Love, remembers His Lotus Feet in his mind.	ਜਿਨ੍ਹਾਂ ਮਨੁੱਖਾਂ ਦਾ ਜੀਵਨ-ਨਿਸ਼ਾਨਾ (ਪ੍ਰਭੂ-ਚਰਨਾਂ ਦਾ) ਪਿਆਰ ਹੈ, (ਜਿਨ੍ਹਾਂ ਮਨੁੱਖਾਂ ਦੇ) ਮਨ ਵਿਚ (ਪ੍ਰਭੂ ਦੇ) ਚਰਨਾਂ ਦੀ ਯਾਦ (ਟਿਕੀ ਰਹਿੰਦੀ) ਹੈ,
58258	1364	ਨਾਨਕ ਬਿਰਹੀ ਬ੍ਰਹਮ ਕੇ ਆਨ ਨ ਕਤਹੂ ਜਾਹਿ॥੮॥		Naanak Birehee Breham Kae Aan N Kathehoo Jaahi ||8||	O Nanak, the lovers of God do not go anywhere else. ||8||	ਹੇ ਨਾਨਕ! ਉਹ ਮਨੁੱਖ ਪਰਮਾਤਮਾ ਦੇ ਆਸ਼ਿਕ ਹਨ, ਉਹ ਮਨੁੱਖ ('ਨਵਖੰਡ ਬਸੁਧਾ ਭਰਮ' ਅਤੇ 'ਜਪ ਤਪ ਸੰਜਮ' ਆਦਿਕ) ਹੋਰ ਕਿਸੇ ਭੀ ਪਾਸੇ ਵਲ ਨਹੀਂ ਜਾਂਦੇ ॥੮॥
58259	1364	ਲਖ ਘਾਟੀਂ ਊਂਚੌ ਘਨੋ ਚੰਚਲ ਚੀਤ ਬਿਹਾਲ॥	ਲੱਖ	Lakh Ghaatteen Oonacha Ghano Chanchal Cheeth Bihaal ||	Climbing thousands of steep hillsides, the fickle mind becomes miserable.	(ਮਨੁੱਖ ਦਾ) ਚੰਚਲ ਮਨ (ਦੁਨੀਆਵੀ ਵਡੱਪਣ ਦੀਆਂ) ਅਨੇਕਾਂ ਉੱਚੀਆਂ ਚੋਟੀਆਂ (ਉੱਤੇ ਅਪੜਨ) ਨੂੰ (ਆਪਣਾ) ਨਿਸ਼ਾਨਾ ਬਣਾਈ ਰੱਖਦਾ ਹੈ, ਤੇ, ਦੁਖੀ ਹੁੰਦਾ ਹੈ।

58260	1364	ਨੀਚ ਕੀਚ ਨਿਮ੍ਰਿਤ ਘਨੀ ਕਰਨੀ ਕਮਲ ਜਮਾਲ॥੯॥	ਨਿਮ੍ਰਿਤ। (ਕੀਚ) ਗਾਰਾ (ਜਮਾਲ) ਸੁੰਦਰਤਾ ਖਿੜਿਆ	Neech Keech Nimrith Ghanee Karanee Kamal Jamaal ||9||	Look at the humble, lowly mud, O Jamaal: the beautiful lotus grows in it. ||9||	ਪਰ ਚਿੱਕੜ ਨੀਵਾਂ ਹੈ (ਨੀਵੇਂ ਥਾਂ ਟਿਕਿਆ ਰਹਿੰਦਾ ਹੈ। ਨੀਵੇਂ ਥਾਂ ਟਿਕੇ ਰਹਿਣ ਵਾਲੀ ਉਸ ਵਿਚ) ਬੜੀ ਨਿਮ੍ਰਤਾ ਹੈ। ਇਸ ਜੀਵਨ-ਕਰਤੱਬ ਦੀ ਬਰਕਤਿ ਨਾਲ (ਉਸ ਵਿਚ) ਕੋਮਲ ਸੁੰਦਰਤਾ ਵਾਲਾ ਕੌਲ-ਫੁੱਲ ਉੱਗਦਾ ਹੈ ॥੯॥
58261	1364	ਕਮਲ ਨੈਨ ਅੰਜਨ ਸਿਆਮ ਚੰਦ੍ਰ ਬਦਨ ਚਿਤ ਚਾਰ॥	ਚਿਤ ਨੂੰ ਚ(ਾਰ) ਚੁਰੌਣ ਵਾਲੇ	Kamal Nain Anjan Siaam Chandhr Badhan Chith Chaar ||	My Lord has lotus-eyes; His Face is so beautifully adorned.	(ਪਰਮਾਤਮਾ) ਜੋ ਚੰਦ ਵਰਗੇ ਸੋਹਣੇ ਮੁਖ ਵਾਲਾ ਹੈ, ਅਤੇ ਸੋਹਣੇ ਚਿੱਤ ਵਾਲਾ ਹੈ ਜਿਸ ਦੇ ਕੌਲ-ਫੁੱਲਾਂ ਵਰਗੇ ਸੋਹਣੇ ਨੇਤ੍ਰ ਹਨ ਜਿਨ੍ਹਾਂ ਵਿਚ ਕਾਲਾ ਸੁਰਮਾ ਪਿਆ ਹੈ (ਭਾਵ, ਜੋ ਪਰਮਾਤਮਾ ਅੱਤ ਹੀ ਸੋਹਣਾ ਹੈ),
58262	1364	ਮੂਸਨ ਮਗਨ ਮਰੰਮ ਸਿਉ ਖੰਡ ਖੰਡ ਕਰਿ ਹਾਰ॥੧੦॥	(ਮਰੰਮ) ਭੇਦ। ਹਾਰ ਜਾਂਦਾ ਹੈ	Moosan Magan Maranm Sio Khandd Khandd Kar Haar ||10||	O Musan, I am intoxicated with His Mystery. I break the necklace of pride into bits. ||10||	ਹੇ ਆਤਮਕ ਜੀਵਨ ਨੂੰ ਲੁਟਾ ਰਹੇ ਮਨੁੱਖ! ਜੇ ਤੂੰ (ਉਸ ਪਰਮਾਤਮਾ ਦੇ ਮਿਲਾਪ ਦੇ) ਭੇਤ ਵਿਚ ਮਸਤ ਹੋਣਾ ਚਾਹੁੰਦਾ ਹੈਂ, ਤਾਂ ਆਪਣੇ ਇਹਨਾਂ ਹਾਰਾਂ ਨੂੰ ('ਨਵਖੰਡ ਬਸੁਧਾ ਭਰਮ' ਅਤੇ 'ਜਪ ਤਪ ਸੰਜਮ' ਆਦਿਕ ਵਿਖਾਵਿਆਂ ਨੂੰ) ਟੋਟੇ ਟੋਟੇ ਕਰ ਦੇਹ ॥੧੦॥

58263	1364	ਮਗਨੁ ਭਇਓ ਪ੍ਰਿਅ ਪ੍ਰੇਮ ਸਿਉ ਸੂਧ ਨ ਸਿਮਰਤ ਅੰਗ॥	ਸੂੱਧ ਬੁੱਧ ਨਹੀਂ	Magan Bhaeiou Pria Praem Sio Soodhh N Simarath Ang ||	I am intoxicated with the Love of my Husband Lord; remembering Him in meditation, I am not conscious of my own body.	(ਵਿਚਾਰਾ) ਨੀਚ (ਜਿਹਾ) ਪਤੰਗਾ (ਆਪਣੇ) ਪਿਆਰੇ (ਜਗਦੇ-ਦੀਵੇ) ਦੇ ਪਿਆਰ ਵਿਚ (ਇਤਨਾ) ਮਸਤ ਹੋ ਜਾਂਦਾ ਹੈ (ਕਿ ਪਿਆਰੇ ਨੂੰ) ਯਾਦ ਕਰਦਿਆਂ ਉਸਨੂੰ ਆਪਣੇ ਸਰੀਰ ਦੀ ਸੁਧ-ਬੁਧ ਨਹੀਂ ਰਹਿੰਦੀ।
58264	1364	ਪ੍ਰਗਟਿ ਭਇਓ ਸਭ ਲੋਅ ਮਹਿ ਨਾਨਕ ਅਧਮ ਪਤੰਗ॥੧੧॥		Pragatt Bhaeiou Sabh Loa Mehi Naanak Adhham Pathang ||11||	He is revealed in all His Glory, all throughout the world. Nanak is a lowly moth at His Flame. ||11||	(ਉਹ ਪਤੰਗਾ ਜਗਦੇ ਦੀਵੇ ਦੀ ਲਾਟ ਉੱਤੇ ਸੜ ਮਰਦਾ ਹੈ। ਪਰ ਆਪਣੇ ਇਸ ਇਸ਼ਕ ਦਾ ਸਦਕਾ) ਹੇ ਨਾਨਕ! ਨੀਚ ਜਿਹਾ ਪਤੰਗਾ ਸਾਰੇ ਜਗਤ ਵਿਚ ਉੱਘਾ ਹੋ ਗਿਆ ਹੈ ॥੧੧॥
58265	1364	ਸਲੋਕ ਭਗਤ ਕਬੀਰ ਜੀਉ ਕੇ		Salok Bhagath Kabeer Jeeo Kae	Shaloks Of Devotee Kabeer Jee:	ਭਗਤ ਕਬੀਰ ਜੀ ਦੇ ਸਲੋਕ।
58266	1364	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
58267	1364	ਕਬੀਰ ਮੇਰੀ ਸਿਮਰਨੀ ਰਸਨਾ ਊਪਰਿ ਰਾਮੁ॥		Kabeer Maeree Simaranee Rasanaa Oopar Raam ||	Kabeer my rosary is my tongue upon which the Lord's Name is strung.	ਹੇ ਕਬੀਰ! ਮੇਰੀ ਜੀਭ ਉਤੇ ਰਾਮ (ਦਾ ਨਾਮ) ਵੱਸ ਰਿਹਾ ਹੈ- ਇਹੀ ਮੇਰੀ ਮਾਲਾ ਹੈ।

58268	1364	ਆਦਿ ਜੁਗਾਦੀ ਸਗਲ ਭਗਤ ਤਾ ਕੋ ਸੁਖੁ ਬਿਸ੍ਰਾਮੁ॥੧॥		Aadh Jugaadhee Sagal Bhagath Thaa Ko Sukh Bisraam ||1||	From the very beginning, and throughout the ages, all the devotees abide in tranquil peace. ||1||	ਜਦ ਤੋਂ ਸ੍ਰਿਸ਼ਟੀ ਬਣੀ ਹੈ ਸਾਰੇ ਭਗਤ (ਇਹੀ ਨਾਮ ਸਿਮਰਦੇ ਆਏ ਹਨ)। ਉਸ ਦਾ ਨਾਮ (ਹੀ ਭਗਤਾਂ ਲਈ) ਸੁਖ ਅਤੇ ਸ਼ਾਂਤੀ (ਦਾ ਕਾਰਨ) ਹੈ ॥੧॥
58269	1364	ਕਬੀਰ ਮੇਰੀ ਜਾਤਿ ਕਉ ਸਭੁ ਕੋ ਹਸਨੇਹਾਰੁ॥	ਹੱਸਨੇਹਾਰੁ	Kabeer Maeree Jaath Ko Sabh Ko Hasanaehaar ||	Kabeer, everyone laughs at my social class.	ਹੇ ਕਬੀਰ! ਮੇਰੀ ਜਾਤਿ ਨੂੰ ਹਰੇਕ ਬੰਦਾ ਹੱਸਦਾ ਹੁੰਦਾ ਸੀ (ਭਾਵ, ਜੁਲਾਹਿਆਂ ਦੀ ਜਾਤਿ ਨੂੰ ਹਰ ਕੋਈ ਮਖ਼ੌਲ ਕਰਦਾ ਹੈ)।
58270	1364	ਬਲਿਹਾਰੀ ਇਸ ਜਾਤਿ ਕਉ ਜਿਹ ਜਪਿਓ ਸਿਰਜਨਹਾਰੁ॥੨॥		Balihaaree Eis Jaath Ko Jih Japiou Sirajanehaar ||2||	I am a sacrifice to this social class, in which I chant and meditate on the Creator. ||2||	ਪਰ ਹੁਣ ਮੈਂ ਇਸ ਜਾਤਿ ਤੋਂ ਸਦਕੇ ਹਾਂ ਕਿਉਂਕਿ ਇਸ ਵਿਚ ਜੰਮ ਕੇ ਮੈਂ ਕਰਤਾਰ ਦੀ ਬੰਦਗੀ ਕੀਤੀ ਹੈ (ਤੇ ਆਤਮਕ ਸੁਖ ਮਾਣ ਰਿਹਾ ਹਾਂ) ॥੨॥
58271	1364	ਕਬੀਰ ਡਗਮਗ ਕਿਆ ਕਰਹਿ ਕਹਾ ਡੁਲਾਵਹਿ ਜੀਉ॥	ਡਗਮਗ: ਪੋਲਾ ਬੋਲੋ। ਡੁਲਾਵ-ਹਿ	Kabeer Ddagamag Kiaa Karehi Kehaa Ddulaavehi Jeeo ||	Kabeer, why do you stumble? Why does your soul waver?	ਹੇ ਕਬੀਰ! (ਸੁਖ ਦੀ ਖ਼ਾਤਰ ਪਰਮਾਤਮਾ ਨੂੰ ਬਿਸਾਰ ਕੇ) ਹੋਰ ਕੇਹੜੇ ਪਾਸੇ ਮਨ ਨੂੰ ਭਟਕਾ ਰਿਹਾ ਹੈਂ? (ਪਰਮਾਤਮਾ ਦੀ ਯਾਦ ਵਲੋਂ) ਕਿਉਂ ਜਕੋ-ਤਕੇ ਕਰਦਾ ਹੈਂ?
58272	1364	ਸਰਬ ਸੂਖ ਕੋ ਨਾਇਕੋ ਰਾਮ ਨਾਮ ਰਸੁ ਪੀਉ॥੩॥	(ਨਾਇਕੋ) ਸ਼ਰੋਮਣੀ, ਪ੍ਰੇਰਕ	Sarab Sookh Ko Naaeiko Raam Naam Ras Peeo ||3||	He is the Lord of all comforts and peace; drink in the Sublime Essence of the Lord's Name. ||3||	ਪਰਮਾਤਮਾ ਦੇ ਨਾਮ ਦਾ ਅੰਮ੍ਰਿਤ ਪੀ, ਇਹ ਨਾਮ ਹੀ ਸਾਰੇ ਸੁਖਾਂ ਦਾ ਪ੍ਰੇਰਕ ਹੈ (ਸਾਰੇ ਸੁਖ ਪਰਮਾਤਮਾ ਆਪ ਹੀ ਦੇਣ-ਜੋਗਾ ਹੈ) ॥੩॥

58273	1364	ਕਬੀਰ ਕੰਚਨ ਕੇ ਕੁੰਡਲ ਬਨੇ ਊਪਰਿ ਲਾਲ ਜੜਾਉ॥		Kabeer Kanchan Kae Kunddal Banae Oopar Laal Jarraao ||	Kabeer, earrings made of gold and studded with jewels,	ਹੇ ਕਬੀਰ! ਜੇ ਸੋਨੇ ਦੇ 'ਵਾਲੇ' ਬਣੇ ਹੋਏ ਹੋਣ, ਉਹਨਾਂ 'ਵਾਲਿਆਂ ਉਤੇ ਲਾਲ ਜੜੇ ਹੋਣ, (ਤੇ ਇਹ 'ਵਾਲੇ' ਲੋਕਾਂ ਦੇ ਕੰਨਾਂ ਵਿਚ ਪਾਏ ਹੋਣ);
58274	1364	ਦੀਸਹਿ ਦਾਧੇ ਕਾਨ ਜਿਉ ਜਿਨ੍ ਮਨਿ ਨਾਹੀ ਨਾਉ॥੪॥		Dheesehi Dhaadhhae Kaan Jio Jinh Man Naahee Naao ||4||	Look like burnt twigs, if the Name is not in the mind. ||4||	ਪਰ ਜਿਨ੍ਹਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ ਨਹੀਂ ਵੱਸਦਾ, ਉਹਨਾਂ ਦੇ ਇਹ ਕੁੰਡਲ ਸੜੇ ਹੋਏ ਕਾਨਿਆਂ ਵਾਂਗ ਦਿੱਸਦੇ ਹਨ (ਜੋ ਬਾਹਰੋਂ ਤਾਂ ਲਿਸ਼ਕਦੇ ਹਨ, ਪਰ ਅੰਦਰੋਂ ਸੁਆਹ ਹੁੰਦੇ ਹਨ) ॥੪॥
58275	1364	ਕਬੀਰ ਐਸਾ ਏਕੁ ਆਧੁ ਜੋ ਜੀਵਤ ਮਿਰਤਕੁ ਹੋਇ॥		Kabeer Aisaa Eaek Aadhh Jo Jeevath Mirathak Hoe ||	Kabeer, rare is such a person, who remains dead while yet alive.	ਹੇ ਕਬੀਰ! ਅਜੇਹਾ ਕੋਈ ਵਿਰਲਾ ਹੀ ਮਨੁੱਖ ਹੁੰਦਾ ਹੈ, ਜੋ ਦੁਨੀਆਵੀ ਸੁਖਾਂ ਵਲੋਂ ਬੇ-ਪਰਵਾਹ ਰਹੇ, ਸੁਖ ਮਿਲੇ ਚਾਹੇ ਦੁੱਖ ਆਵੇ-
58276	1364	ਨਿਰਭੈ ਹੋਇ ਕੈ ਗੁਨ ਰਵੈ ਜਤ ਪੇਖਉ ਤਤ ਸੋਇ॥੫॥		Nirabhai Hoe Kai Gun Ravai Jath Paekho Thath Soe ||5||	Singing the Glorious Praises of the Lord, he is fearless. Wherever I look, the Lord is there. ||5||	ਇਸ ਗੱਲ ਦੀ ਪਰਵਾਹ ਨਾ ਕਰਦਾ ਹੋਇਆ ਉਸ ਪਰਮਾਤਮਾ ਦੇ ਗੁਣ ਗਾਏ ਜਿਸ ਨੂੰ ਮੈਂ ਜਿਧਰ ਵੇਖਦਾ ਹਾਂ ਉਧਰ ਹੀ ਮੌਜੂਦ ਹੈ ॥੫॥
58277	1364	ਕਬੀਰ ਜਾ ਦਿਨ ਹਉ ਮੂਆ ਪਾਛੈ ਭਇਆ ਅਨੰਦੁ॥		Kabeer Jaa Dhin Ho Mooaa Paashhai Bhaeiaa Anandh ||	Kabeer, on the day when I die, afterwards there shall be bliss.	ਹੇ ਕਬੀਰ! (ਪ੍ਰਭੂ ਦੇ ਗੁਣ ਚੇਤੇ ਕਰ ਕੇ) ਜਦੋਂ ਮੇਰਾ 'ਮੈਂ, ਮੈਂ' ਕਰਨ ਵਾਲਾ ਸੁਭਾਉ ਮੁੱਕ ਗਿਆ, ਤਦੋਂ ਮੇਰੇ ਅੰਦਰ ਸੁਖ ਬਣ ਗਿਆ।

58278	1364	ਮੋਹਿ ਮਿਲਿਓ ਪ੍ਰਭੁ ਆਪਨਾ ਸੰਗੀ ਭਜਹਿ ਗੋਬਿੰਦੁ॥੬॥	ਗੋ: ਹੋੜੇ ਅਤੇ ਔਂਕੜ ਵਿਚਾਲੇ ਅਵਾਜ ਬੋਲੋ	Mohi Miliou Prabh Aapanaa Sangee Bhajehi Guobindh ||6||	I shall meet with my Lord God. Those with me shall meditate and vibrate on the Lord of the Universe. ||6||	(ਨਿਰਾ ਸੁਖ ਹੀ ਨਾਹ ਬਣਿਆ) ਮੈਨੂੰ ਮੇਰਾ ਪਿਆਰਾ ਰੱਬ ਮਿਲ ਪਿਆ, ਤੇ ਹੁਣ ਮੇਰੇ ਸਾਥੀ ਗਿਆਨ-ਇੰਦ੍ਰੇ ਭੀ ਪਰਮਾਤਮਾ ਨੂੰ ਹੀ ਯਾਦ ਕਰਦੇ ਹਨ (ਗਿਆਨ-ਇੰਦ੍ਰਿਆਂ ਦੀ ਰੁਚੀ ਰੱਬ ਵਾਲੇ ਪਾਸੇ ਹੋ ਗਈ ਹੈ) ॥੬॥
58279	1364	ਕਬੀਰ ਸਭ ਤੇ ਹਮ ਬੁਰੇ ਹਮ ਤਜਿ ਭਲੋ ਸਭੁ ਕੋਇ॥		Kabeer Sabh Thae Ham Burae Ham Thaj Bhalo Sabh Koe ||	Kabeer, I am the worst of all. Everyone else is good.	ਹੇ ਕਬੀਰ! (ਹਰਿ-ਨਾਮ ਸਿਮਰ ਕੇ ਹੁਣ ਜਦੋਂ ਮੇਰਾ 'ਮੈਂ, ਮੈਂ' ਕਰਨ ਵਾਲਾ ਸੁਭਾਉ ਹਟ ਗਿਆ ਹੈ, ਮੈਨੂੰ ਇਉਂ ਜਾਪਦਾ ਹੈ ਕਿ) ਮੈਂ ਸਭ ਨਾਲੋਂ ਮਾੜਾ ਹਾਂ, ਹਰੇਕ ਜੀਵ ਮੈਥੋਂ ਚੰਗਾ ਹੈ;
58280	1364	ਜਿਨਿ ਐਸਾ ਕਰਿ ਬੂਝਿਆ ਮੀਤੁ ਹਮਾਰਾ ਸੋਇ॥੭॥		Jin Aisaa Kar Boojhiaa Meeth Hamaaraa Soe ||7||	Whoever understands this is a friend of mine. ||7||	(ਨਿਰਾ ਇਹੀ ਨਹੀਂ) ਜਿਸ ਜਿਸ ਭੀ ਮਨੁੱਖ ਨੇ ਇਸੇ ਤਰ੍ਹਾਂ ਦੀ ਸੂਝ ਪ੍ਰਾਪਤ ਕਰ ਲਈ ਹੈ, ਉਹ ਭੀ ਮੈਨੂੰ ਆਪਣਾ ਮਿਤ੍ਰ ਮਲੂਮ ਹੁੰਦਾ ਹੈ ॥੭॥
58281	1364	ਕਬੀਰ ਆਈ ਮੁਝਹਿ ਪਹਿ ਅਨਿਕ ਕਰੇ ਕਰਿ ਭੇਸ॥		Kabeer Aaee Mujhehi Pehi Anik Karae Kar Bhaes ||	Kabeer, she came to me in various forms and disguises.	ਹੇ ਕਬੀਰ! (ਇਹ ਹਉਮੈ ਜਿਵੇਂ ਹੋਰਨਾਂ ਨੂੰ ਭਰਮਾਣ ਆਉਂਦੀ ਹੈ ਤਿਵੇਂ) ਮੇਰੇ ਕੋਲ ਭੀ ਕਈ ਸ਼ਕਲਾਂ ਵਿਚ ਆਈ।

58282	1364	ਹਮ ਰਾਖੇ ਗੁਰ ਆਪਨੇ ਉਨਿ ਕੀਨੋ ਆਦੇਸੁ॥੮॥		Ham Raakhae Gur Aapanae Oun Keeno Aadhaes ||8||	My Guru saved me, and now she bows humbly to me. ||8||	ਪਰ ਮੈਨੂੰ ਪਿਆਰੇ ਸਤਿਗੁਰੂ ਨੇ (ਇਸ ਤੋਂ) ਬਚਾ ਲਿਆ, ਉਸ ਹਉਮੈ ਨੇ ਨਮਸਕਾਰ ਕੀਤੀ (ਉਹ ਹਉਮੈ ਬਦਲ ਕੇ ਨਿਮ੍ਰਤਾ ਬਣ ਗਈ) ॥੮॥
58283	1364	ਕਬੀਰ ਸੋਈ ਮਾਰੀਐ ਜਿਹ ਮੂਐ ਸੁਖੁ ਹੋਇ॥		Kabeer Soee Maareeai Jih Mooai Sukh Hoe ||	Kabeer, kill only that, which, when killed, shall bring peace.	ਹੇ ਕਬੀਰ! ਇਸ ਹਉਮੈ ਨੂੰ ਹੀ ਮਾਰਨਾ ਚਾਹੀਦਾ ਹੈ, ਜਿਸ ਦੇ ਮਰਿਆਂ ਸੁਖ ਹੁੰਦਾ ਹੈ।
58284	1364	ਭਲੋ ਭਲੋ ਸਭੁ ਕੋ ਕਹੈ ਬੁਰੋ ਨ ਮਾਨੈ ਕੋਇ॥੯॥		Bhalo Bhalo Sabh Ko Kehai Buro N Maanai Koe ||9||	Everyone shall call you good, very good, and no one shall think you are bad. ||9||	ਹਉਮੈ ਦੇ ਤਿਆਗ ਨੂੰ ਹਰੇਕ ਮਨੁੱਖ ਸਲਾਹੁੰਦਾ ਹੈ, ਕੋਈ ਮਨੁੱਖ ਇਸ ਕੰਮ ਨੂੰ ਮਾੜਾ ਨਹੀਂ ਆਖਦਾ ॥੯॥
58285	1364	ਕਬੀਰ ਰਾਤੀ ਹੋਵਹਿ ਕਾਰੀਆ ਕਾਰੇ ਊਭੇ ਜੰਤ॥	ਰਾਤੀਂ। ਕਾਰੀਆਂ	Kabeer Raathee Hovehi Kaareeaa Kaarae Oobhae Janth ||	Kabeer, the night is dark, and men go about doing their dark deeds.	ਹੇ ਕਬੀਰ! ਜਦੋਂ ਰਾਤਾਂ ਹਨ੍ਹੇਰੀਆਂ ਹੁੰਦੀਆਂ ਹਨ, ਤਾਂ ਚੋਰ ਆਦਿਕ ਕਾਲੇ ਦਿਲਾਂ ਵਾਲੇ ਬੰਦੇ (ਆਪਣੇ ਘਰਾਂ ਤੋਂ) ਉੱਠ ਖਲੋਂਦੇ ਹਨ,
58286	1365	ਲੈ ਫਾਹੇ ਉਠਿ ਧਾਵਤੇ ਸਿ ਜਾਨਿ ਮਾਰੇ ਭਗਵੰਤ॥੧੦॥		Lai Faahae Outh Dhhaavathae S Jaan Maarae Bhagavanth ||10||	They take the noose and run around; but rest assured that God shall destroy them. ||10||	ਫਾਹੇ ਲੈ ਕੇ (ਦੂਜਿਆਂ ਦੇ ਘਰ ਲੁੱਟਣ ਲਈ) ਤੁਰ ਪੈਂਦੇ ਹਨ, ਪਰ ਯਕੀਨ ਜਾਣੋ ਅਜੇਹੇ ਬੰਦੇ ਰੱਬ ਵਲੋਂ ਮਾਰੇ ਹੋਏ ਹਨ ॥੧੦॥

58287	1365	ਕਬੀਰ ਚੰਦਨ ਕਾ ਬਿਰਵਾ ਭਲਾ ਬੇੜਿਓ ਢਾਕ ਪਲਾਸ॥	ਸੰਤ ਰੂਪੀ (ਬਿਰਵਾ) ਬੂਟਾ। (ਢਾਕ) ਢਕ, (ਪਲਾਸ) ਪਲਾਹ ਦਾ ਬੂਟਾ	Kabeer Chandhan Kaa Biravaa Bhalaa Baerrihou Dtaak Palaas ||	Kabeer, the sandalwood tree is good, even though it is surrounded by weeds.	ਹੇ ਕਬੀਰ! ਚੰਦਨ ਦਾ ਨਿੱਕਾ ਜਿਹਾ ਭੀ ਬੂਟਾ ਚੰਗਾ ਜਾਣੋ, ਭਾਵੇਂ ਉਹ ਢਾਕ ਪਲਾਹ ਆਦਿਕ ਵਰਗੇ ਰੁੱਖਾਂ ਨਾਲ ਘਿਰਿਆ ਹੋਇਆ ਹੋਵੇ।
58288	1365	ਓਇ ਭੀ ਚੰਦਨੁ ਹੋਇ ਰਹੇ ਬਸੇ ਜੁ ਚੰਦਨ ਪਾਸਿ॥੧੧॥		Oue Bhee Chandhan Hoe Rehae Basae J Chandhan Paas ||11||	Those who dwell near the sandalwood tree, become just like the sandalwood tree. ||11||	ਉਹ (ਢਾਕ ਪਲਾਹ ਵਰਗੇ ਨਿਕੰਮੇ ਰੁੱਖ) ਭੀ, ਜੋ ਚੰਦਨ ਦੇ ਨੇੜੇ ਉੱਗੇ ਹੋਏ ਹੁੰਦੇ ਹਨ, ਚੰਦਨ ਹੀ ਹੋ ਜਾਂਦੇ ਹਨ ॥੧੧॥
58289	1365	ਕਬੀਰ ਬਾਂਸੁ ਬਡਾਈ ਬੂਡਿਆ ਇਉ ਮਤ ਡੂਬਹੁ ਕੋਇ॥		Kabeer Baans Baddaaee Booddiaa Eio Math Ddoobahu Koe ||	Kabeer, the bamboo is drowned in its egotistical pride. No one should drown like this.	ਹੇ ਕਬੀਰ! ਬਾਂਸ ਦਾ ਬੂਟਾ (ਉੱਚਾ ਲੰਮਾ ਹੋਣ ਦੇ) ਮਾਣ ਵਿਚ ਡੁੱਬਿਆ ਹੋਇਆ ਹੈ; ਤੁਸੀਂ ਕੋਈ ਧਿਰ ਬਾਂਸ ਵਾਂਗ (ਹਉਮੈ ਵਿਚ) ਨਾਹ ਡੁੱਬ ਜਾਇਓ, ਕਿਉਂਕਿ,
58290	1365	ਚੰਦਨ ਕੈ ਨਿਕਟੇ ਬਸੈ ਬਾਂਸੁ ਸੁਗੰਧੁ ਨ ਹੋਇ॥੧੨॥		Chandhan Kai Nikattae Basai Baans Sugandhh N Hoe ||12||	Bamboo also dwells near the sandalwood tree, but it does not take up its fragrance. ||12||	ਬਾਂਸ ਭਾਵੇਂ ਚੰਦਨ ਦੇ ਨੇੜੇ ਭੀ ਉੱਗਾ ਹੋਇਆ ਹੋਵੇ, ਉਸ ਵਿਚ ਚੰਦਨ ਵਾਲੀ ਸੁਗੰਧੀ ਨਹੀਂ ਆਉਂਦੀ ॥੧੨॥
58291	1365	ਕਬੀਰ ਦੀਨੁ ਗਵਾਇਆ ਦੁਨੀ ਸਿਉ ਦੁਨੀ ਨ ਚਾਲੀ ਸਾਥਿ॥		Kabeer Dheen Gavaaeiaa Dhunee Sio Dhunee N Chaalee Saathh ||	Kabeer, the mortal loses his faith, for the sake of the world, but the world shall not go along with him in the end.	ਹੇ ਕਬੀਰ! ਗ਼ਾਫ਼ਲ ਮਨੁੱਖ ਨੇ 'ਦੁਨੀਆ' (ਦੇ ਧਨ-ਪਦਾਰਥ) ਦੀ ਖ਼ਾਤਰ 'ਦੀਨ' ਗਵਾ ਲਿਆ, (ਅਖ਼ੀਰ ਵੇਲੇ ਇਹ) ਦੁਨੀਆ ਭੀ ਮਨੁੱਖ ਦੇ ਨਾਲ ਨਾਹ ਤੁਰੀ।

58292	1365	ਪਾਇ ਕੁਹਾੜਾ ਮਾਰਿਆ ਗਾਫਲਿ ਅਪੁਨੈ ਹਾਥਿ॥੧੩॥		Paae Kuhaarraa Maariaa Gaafal Apunai Haathh ||13||	The idiot strikes his own foot with the axe by his own hand. ||13||	(ਸੋ) ਲਾ-ਪਰਵਾਹ ਬੰਦੇ ਨੇ ਆਪਣੇ ਪੈਰ ਉਤੇ ਆਪਣੇ ਹੀ ਹੱਥ ਨਾਲ ਕੁਹਾੜਾ ਮਾਰ ਲਿਆ (ਭਾਵ, ਆਪਣਾ ਨੁਕਸਾਨ ਆਪ ਹੀ ਕਰ ਲਿਆ) ॥੧੩॥
58293	1365	ਕਬੀਰ ਜਹ ਜਹ ਹਉ ਫਿਰਿਓ ਕਉਤਕ ਠਾਓ ਠਾਇ॥		Kabeer Jeh Jeh Ho Firiou Kouthak Thaaou Thaae ||	Kabeer, wherever I go, I see wonders everywhere.	ਹੇ ਕਬੀਰ! ਮੈਂ ਜਿਥੇ ਜਿਥੇ ਗਿਆ ਹਾਂ, ਥਾਂ ਥਾਂ 'ਦੁਨੀਆ' ਵਾਲੇ ਰੰਗ-ਤਮਾਸ਼ੇ ਹੀ (ਵੇਖੇ ਹਨ);
58294	1365	ਇਕ ਰਾਮ ਸਨੇਹੀ ਬਾਹਰਾ ਊਜਰੁ ਮੇਰੈ ਭਾਂਇ॥੧੪॥		Eik Raam Sanaehee Baaharaa Oojar Maerai Bhaane ||14||	But without the devotees of the One Lord, it is all wilderness to me. ||14||	ਪਰ ਮੇਰੇ ਭਾ ਦਾ ਉਹ ਥਾਂ ਉਜਾੜ ਹੈ ਜਿਥੇ ਪਰਮਾਤਮਾ ਨਾਲ ਪਿਆਰ ਕਰਨ ਵਾਲਾ (ਸੰਤ) ਕੋਈ ਨਹੀਂ (ਕਿਉਂਕਿ ਉਥੇ 'ਦੁਨੀਆ' ਹੀ 'ਦੁਨੀਆ' ਵੇਖੀ ਹੈ 'ਦੀਨ' ਦਾ ਨਾਮ-ਨਿਸ਼ਾਨ ਨਹੀਂ) ॥੧੪॥
58295	1365	ਕਬੀਰ ਸੰਤਨ ਕੀ ਝੁੰਗੀਆ ਭਲੀ ਭਠਿ ਕੁਸਤੀ ਗਾਉ॥	ਭੱਠਿ ਕੁਸੱਤੀ	Kabeer Santhan Kee Jhungeeaa Bhalee Bhath Kusathee Gaao ||	Kabeer, the dwelling of the Saints is good; the dwelling of the unrighteous burns like an oven.	ਹੇ ਕਬੀਰ! ਸੰਤਾਂ ਦੀ ਭੈੜੀ ਜਿਹੀ ਕੁੱਲੀ ਭੀ (ਮੈਨੂੰ) ਸੋਹਣੀ (ਲੱਗਦੀ) ਹੈ, (ਉਥੇ 'ਦੀਨ' ਵਿਹਾਝੀਦਾ ਹੈ) ਪਰ ਖੋਟੇ ਮਨੁੱਖ ਦਾ ਪਿੰਡ (ਸੜਦੀ) ਭੱਠੀ ਵਰਗਾ (ਜਾਣੋ) (ਉਥੇ ਹਰ ਵੇਲੇ 'ਦੁਨੀਆ' ਦੀ ਤ੍ਰਿਸ਼ਨਾ ਦੀ ਅੱਗ ਬਲ ਰਹੀ ਹੈ)।

58296	1365	ਆਗਿ ਲਗਉ ਤਿਹ ਧਉਲਹਰ ਜਿਹ ਨਾਹੀ ਹਰਿ ਕੋ ਨਾਉ॥੧੫॥		Aag Lago Thih Dhhoulehar Jih Naahee Har Ko Naao ||15||	Those mansions in which the Lord's Name is not chanted might just as well burn down. ||15||	ਜਿਸ ਮਹਲ-ਮਾੜੀ ਵਿਚ ਪਰਮਾਤਮਾ ਦਾ ਨਾਮ ਨਹੀਂ ਸਿਮਰੀਦਾ, ਉਸ ਨੂੰ ਪਈ ਅੱਗ ਲੱਗੇ (ਮੈਨੂੰ ਅਜੇਹੇ ਮਹਲ-ਮਾੜੀਆਂ ਦੀ ਲੋੜ ਨਹੀਂ) ॥੧੫॥
58297	1365	ਕਬੀਰ ਸੰਤ ਮੂਏ ਕਿਆ ਰੋਈਐ ਜੋ ਅਪੁਨੇ ਗ੍ਰਿਹਿ ਜਾਇ॥	ਗ੍ਰਿ ਹਿ	Kabeer Santh Mooeae Kiaa Roeeai Jo Apunae Grihi Jaae ||	Kabeer, why cry at the death of a Saint? He is just going back to his home.	ਹੇ ਕਬੀਰ! ਕਿਸੇ ਸੰਤ ਦੇ ਮਰਨ ਤੇ ਅਫ਼ਸੋਸ ਕਰਨ ਦੀ ਲੋੜ ਨਹੀਂ, ਕਿਉਂਕਿ ਉਹ ਸੰਤ ਤਾਂ ਉਸ ਘਰ ਵਿਚ ਜਾਂਦਾ ਹੈ ਜਿਥੋਂ ਉਸ ਨੂੰ ਕੋਈ ਕੱਢੇਗਾ ਨਹੀਂ (ਭਾਵ, ਉਹ ਸੰਤ 'ਦੀਨ' ਦਾ ਵਪਾਰੀ ਹੋਣ ਕਰਕੇ ਪ੍ਰਭੂ-ਚਰਨਾਂ ਵਿਚ ਜਾ ਅੱਪੜਦਾ ਹੈ);
58298	1365	ਰੋਵਹੁ ਸਾਕਤ ਬਾਪੁਰੇ ਜੁ ਹਾਟੈ ਹਾਟ ਬਿਕਾਇ॥੧੬॥		Rovahu Saakath Baapurae J Haattai Haatt Bikaae ||16||	Cry for the wretched, faithless cynic, who is sold from store to store. ||16||	(ਜੇ ਅਫ਼ਸੋਸ ਕਰਨਾ ਹੈ ਤਾਂ) ਉਸ ਮੰਦ-ਭਾਗੀ (ਦੇ ਮਰਨ) ਤੇ ਅਫ਼ਸੋਸ ਕਰੋ ਜੋ ਪ੍ਰਭੂ-ਚਰਨਾਂ ਤੋਂ ਵਿਛੁੜਿਆ ਹੋਇਆ ਹੈ, (ਉਹ ਆਪਣੇ ਕੀਤੇ ਮੰਦ-ਕਰਮਾਂ ਦੇ ਵੱਟੇ) ਹਰੇਕ ਹੱਟੀ ਤੇ ਵਿਕਦਾ ਹੈ (ਭਾਵ, ਸਾਰੀ 'ਦੁਨੀਆ' ਦੀ ਖ਼ਾਤਰ ਭਟਕਣ ਕਰਕੇ ਹੁਣ ਕਈ ਜੂਨਾਂ ਵਿਚ ਭਟਕਦਾ ਹੈ) ॥੧੬॥

58299	1365	ਕਬੀਰ ਸਾਕਤੁ ਐਸਾ ਹੈ ਜੈਸੀ ਲਸਨ ਕੀ ਖਾਨਿ॥		Kabeer Saakath Aisaa Hai Jaisee Lasan Kee Khaan ||	Kabeer, the faithless cynic is like a piece of garlic.	ਹੇ ਕਬੀਰ! ਜੋ ਮਨੁੱਖ ਰੱਬ ਨਾਲੋਂ ਟੁੱਟਾ ਹੋਇਆ ਹੈ (ਜੋ 'ਦੁਨੀਆ' ਦੀ ਖ਼ਾਤਰ 'ਦੀਨ' ਨੂੰ ਗਵਾਈ ਜਾ ਰਿਹਾ ਹੈ) ਉਸ ਨੂੰ ਇਉਂ ਸਮਝੋ ਜਿਵੇਂ ਥੋਮ ਦੀ ਭਰੀ ਹੋਈ ਕੋਠੜੀ ਹੈ।
58300	1365	ਕੋਨੇ ਬੈਠੇ ਖਾਈਐ ਪਰਗਟ ਹੋਇ ਨਿਦਾਨ॥੧੭॥		Konae Baithae Khaaeeai Paragatt Hoe Nidhaan ||17||	Even if you eat it sitting in a corner, it becomes obvious to everyone. ||17||	ਥੋਮ ਨੂੰ ਕਿਤੇ ਲੁਕਵੇਂ ਥਾਂ ਭੀ ਬਹਿ ਕੇ ਖਾ ਲਈਏ, ਤਾਂ ਭੀ ਉਹ ਜ਼ਰੂਰ (ਆਪਣੀ ਬੋ ਤੋਂ) ਉੱਘੜ ਪੈਂਦਾ ਹੈ (ਸਾਕਤ ਦੇ ਅੰਦਰੋਂ ਭੀ ਜਦੋਂ ਨਿਕਲਣਗੇ ਮੰਦੇ ਬਚਨ ਹੀ ਨਿਕਲਣਗੇ) ॥੧੭॥
58301	1365	ਕਬੀਰ ਮਾਇਆ ਡੋਲਨੀ ਪਵਨੁ ਝਕੋਲਨਹਾਰੁ॥		Kabeer Maaeiaa Ddolanee Pavan Jhakolanehaar ||	Kabeer, Maya is the butter-churn, and the breath is the churning-stick.	ਹੇ ਕਬੀਰ! ਇਸ 'ਦੁਨੀਆ' ('ਮਾਇਆ') ਨੂੰ ਦੁੱਧ ਦੀ ਭਰੀ ਚਾਟੀ ਸਮਝੋ, (ਹਰੇਕ ਜੀਵ ਦਾ) ਸੁਆਸ ਸੁਆਸ (ਉਸ ਚਾਟੀ ਨੂੰ ਰਿੜਕਣ ਲਈ) ਮਧਾਣੀ ਮਿਥ ਲਵੋ।

58302	1365	ਸੰਤਹੁ ਮਾਖਨੁ ਖਾਇਆ ਛਾਛਿ ਪੀਐ ਸੰਸਾਰੁ॥੧੮॥		Santhahu Maakhan Khaaeiaa Shhaashh Peeai Sansaar ||18||	The Saints eat the butter, while the world drinks the whey. ||18||	(ਜਿਨ੍ਹਾਂ ਨੂੰ ਇਹ ਦੁੱਧ ਰਿੜਕਣ ਦੀ ਜਾਚ ਆ ਗਈ, ਜਿਨ੍ਹਾਂ ਪਰਮਾਤਮਾ ਦਾ ਸਿਮਰਨ ਕਰਦਿਆਂ ਇਸ ਮਾਇਆ ਨੂੰ ਵਰਤਿਆ, ਜਿਨ੍ਹਾਂ ਨੇ 'ਦੁਨੀਆ' ਨੂੰ ਵਣ-ਜਿਆ ਪਰ 'ਦੀਨ' ਭੀ ਗੁਆਚਨ ਨਾਹ ਦਿੱਤਾ) ਉਹਨਾਂ ਸੰਤ ਜਨਾਂ ਨੇ (ਇਸ ਰੇੜਕੇ ਵਿਚੋਂ) ਮੱਖਣ (ਹਾਸਲ ਕੀਤਾ ਤੇ) ਖਾਧਾ (ਭਾਵ; ਮਨੁੱਖਾ ਜਨਮ ਦਾ ਅਸਲ ਮਨੋਰਥ ਹਾਸਲ ਕੀਤਾ, ਜਿਵੇਂ ਦੁੱਧ ਨੂੰ ਰਿੜਕਣ ਦਾ ਮਨੋਰਥ ਹੈ ਮੱਖਣ ਕੱਢਣਾ); ਪਰ ਨਿਰੀ 'ਦੁਨੀਆ' ਦਾ ਵਪਾਰੀ (ਮਾਨੋ,) ਲੱਸੀ ਹੀ ਪੀ ਰਿਹਾ ਹੈ (ਮਨੁੱਖਾ ਜਨਮ ਦਾ ਅਸਲੀ ਮਨੋਰਥ ਨਹੀਂ ਪਾ ਸਕਿਆ) ॥੧੮॥
58303	1365	ਕਬੀਰ ਮਾਇਆ ਡੋਲਨੀ ਪਵਨੁ ਵਹੈ ਹਿਵ ਧਾਰ॥		Kabeer Maaeiaa Ddolanee Pavan Vehai Hiv Dhhaar ||	Kabeer, Maya is the butter-churn; the breath flows like ice water.	ਹੇ ਕਬੀਰ! ਇਹ 'ਦੁਨੀਆ' (ਮਾਇਆ') ਮਾਨੋ, ਦੁੱਧ ਦੀ ਚਾਟੀ ਹੈ, (ਇਸ ਚਾਟੀ ਵਿਚ ਨਾਮ ਦੀ) ਠੰਢਕ ਵਾਲੇ ਸੁਆਸ, ਮਾਨੋ, ਮਧਾਣੀ ਹਿਲਾਈ ਜਾ ਰਹੀ ਹੈ।

58304	1365	ਜਿਨਿ ਬਿਲੋਇਆ ਤਿਨਿ ਖਾਇਆ ਅਵਰ ਬਿਲੋਵਨਹਾਰ॥੧੯॥		Jin Biloeiaa Thin Khaaeiaa Avar Bilovanehaar ||19||	Whoever does the churning eats the butter; the others are just churning-sticks. ||19||	ਜਿਸ (ਭਾਗਾਂ ਵਾਲੇ ਮਨੁੱਖ) ਨੇ (ਇਸ ਮਧਾਣੀ ਨਾਲ ਦੁੱਧ) ਰਿੜਕਿਆ ਹੈ ਉਸ ਨੇ (ਮੱਖਣ) ਖਾਧਾ ਹੈ, ਬਾਕੀ ਦੇ ਹੋਰ ਲੋਕ ਨਿਰਾ ਰਿੜਕ ਹੀ ਰਹੇ ਹਨ (ਉਹਨਾਂ ਨੂੰ ਮੱਖਣ ਖਾਣ ਨੂੰ ਨਹੀਂ ਮਿਲਦਾ) (ਭਾਵ, ਜੋ ਲੋਕ ਨਿਰਬਾਹ-ਮਾਤ੍ਰ ਮਾਇਆ ਨੂੰ ਵਰਤਦੇ ਹਨ, ਤੇ ਨਾਲ ਨਾਲ ਸੁਆਸ ਸੁਆਸ ਪਰਮਾਤਮਾ ਨੂੰ ਯਾਦ ਰੱਖਦੇ ਹਨ, ਉਹਨਾਂ ਦਾ ਜੀਵਨ ਸ਼ਾਂਤੀ-ਭਰਿਆ ਹੁੰਦਾ ਹੈ, ਮਨੁੱਖਾ ਜਨਮ ਦਾ ਅਸਲ ਮਨੋਰਥ ਉਹ ਪ੍ਰਾਪਤ ਕਰ ਲੈਂਦੇ ਹਨ। ਪਰ ਜੋ ਲੋਕ 'ਦੀਨ' ਵਿਸਾਰ ਕੇ ਨਿਰੀ 'ਦੁਨੀਆ' ਪਿੱਛੇ ਦੌੜ-ਭੱਜ ਕਰਦੇ ਹਨ, ਉਹ ਖ਼ੁਆਰ ਹੁੰਦੇ ਹਨ, ਤੇ ਜੀਵਨ ਅਜਾਈਂ ਗੰਵਾ ਜਾਂਦੇ ਹਨ) ॥੧੯॥
58305	1365	ਕਬੀਰ ਮਾਇਆ ਚੋਰਟੀ ਮੁਸਿ ਮੁਸਿ ਲਾਵੈ ਹਾਟਿ॥	ਮੁੱਸਿ ਮੁੱਸਿ	Kabeer Maaeiaa Chorattee Mus Mus Laavai Haatt ||	Kabeer, Maya is the thief, which breaks in and plunders the store.	ਹੇ ਕਬੀਰ! ਇਹ ਦੁਨੀਆ, ਇਹ ਮਾਇਆ, ਮੋਮੋ-ਠੱਗਣੀ ਹੈ (ਜੋ ਲੋਕ 'ਦੀਨ' ਵਿਸਾਰ ਕੇ ਨਿਰੀ 'ਦੁਨੀਆ' ਦੀ ਖ਼ਾਤਰ ਭਟਕ ਰਹੇ ਹਨ, ਉਹਨਾਂ ਨੂੰ) ਠੱਗ ਠੱਗ ਕੇ ਇਹ ਮਾਇਆ ਆਪਣੀ ਹੱਟੀ (ਹੋਰ ਹੋਰ) ਸਜਾਂਦੀ ਹੈ।

58306	1365	ਏਕੁ ਕਬੀਰਾ ਨਾ ਮੁਸੈ ਜਿਨਿ ਕੀਨੀ ਬਾਰਹ ਬਾਟ॥੨੦॥	ਮੁੱਸੈ	Eaek Kabeeraa Naa Musai Jin Keenee Baareh Baatt ||20||	Only Kabeer is not plundered; he has cut her into twelve pieces. ||20||	ਹੇ ਕਬੀਰ! ਸਿਰਫ਼ ਉਹ ਮਨੁੱਖ ਇਸ ਦੀ ਠੱਗੀ ਤੋਂ ਬਚਿਆ ਰਹਿੰਦਾ ਹੈ ਜਿਸ ਨੇ ਇਸ ਮਾਇਆ ਦੀਆਂ ਬਾਰਾਂ ਵੰਡੀਆਂ ਕਰ ਦਿੱਤੀਆਂ ਹਨ (ਜਿਸ ਨੇ ਇਸ ਦੀ ਠੱਗੀ ਨੂੰ ਭੰਨ ਕੇ ਰੱਖ ਦਿੱਤਾ ਹੈ) ॥੨੦॥
58307	1365	ਕਬੀਰ ਸੂਖੁ ਨ ਏਂਹ ਜੁਗਿ ਕਰਹਿ ਜੁ ਬਹੁਤੈ ਮੀਤ॥		Kabeer Sookh N Eaeneh Jug Karehi J Bahuthai Meeth ||	Kabeer, peace does not come in this world by making lots of friends.	ਹੇ ਕਬੀਰ! ('ਦੀਨ' ਵਿਸਾਰ ਕੇ, ਪਰਮਾਤਮਾ ਨੂੰ ਭੁਲਾ ਕੇ ਤੂੰ ਜੋ ਪੁਤ੍ਰ ਇਸਤ੍ਰੀ ਧਨ ਮਿਲਖ ਆਦਿਕ) ਕਈ ਮਿਤ੍ਰ ਬਣਾ ਰਿਹਾ ਹੈਂ, ਇਸ ਮਨੁੱਖਾ ਜਨਮ ਵਿਚ (ਇਹਨਾਂ ਮਿਤ੍ਰਾਂ ਤੋਂ) ਸੁਖ ਨਹੀਂ ਮਿਲੇਗਾ।
58308	1365	ਜੋ ਚਿਤੁ ਰਾਖਹਿ ਏਕ ਸਿਉ ਤੇ ਸੁਖੁ ਪਾਵਹਿ ਨੀਤ॥੨੧॥		Jo Chith Raakhehi Eaek Sio Thae Sukh Paavehi Neeth ||21||	Those who keep their consciousness focused on the One Lord shall find eternal peace. ||21||	ਸਿਰਫ਼ ਉਹ ਮਨੁੱਖ ਸਦਾ ਸੁਖ ਮਾਣਦੇ ਹਨ ਜੋ ('ਦੁਨੀਆ' ਵਿਚ ਵਰਤਦੇ ਹੋਏ ਭੀ) ਇੱਕ ਪਰਮਾਤਮਾ ਨਾਲ ਆਪਣਾ ਮਨ ਜੋੜ ਰੱਖਦੇ ਹਨ ॥੨੧॥

58309	1365	ਕਬੀਰ ਜਿਸੁ ਮਰਨੇ ਤੇ ਜਗੁ ਡਰੈ ਮੇਰੇ ਮਨ ਆਨੰਦੁ॥		Kabeer Jis Maranae Thae Jag Ddarai Maerae Man Aanandh ||	Kabeer, the world is afraid of death - that death fills my mind with bliss.	('ਦੁਨੀਆ' ਦੀ ਖ਼ਾਤਰ 'ਦੀਨ' ਨੂੰ ਵਿਸਾਰ ਕੇ ਮਨੁੱਖ ਧਨ-ਪਦਾਰਥ ਪੁਤ੍ਰ ਇਸਤ੍ਰੀ ਆਦਿਕ ਕਈ ਮਿਤ੍ਰ ਬਣਾਂਦਾ ਹੈ, ਅਤੇ ਇਹਨਾਂ ਤੋਂ ਸੁਖ ਦੀ ਆਸ ਰੱਖਦਾ ਹੈ, ਇਸ ਆਸ ਦੇ ਕਾਰਨ ਹੀ ਇਹਨਾਂ ਨਾਲੋਂ ਮੋਹ ਤੋੜ ਨਹੀਂ ਸਕਦਾ; ਪਰ) ਹੇ ਕਬੀਰ! ਜਿਸ (ਮੋਹ ਦੇ ਤਿਆਗ-ਰੂਪ) ਮੌਤ ਤੋਂ ਜਗਤ ਝੱਕਦਾ ਹੈ, ਉਸ ਨਾਲ ਮੇਰੇ ਮਨ ਵਿਚ ਖ਼ੁਸ਼ੀ ਪੈਦਾ ਹੁੰਦੀ ਹੈ;
58310	1365	ਮਰਨੇ ਹੀ ਤੇ ਪਾਈਐ ਪੂਰਨੁ ਪਰਮਾਨੰਦੁ॥੨੨॥		Maranae Hee Thae Paaeeai Pooran Paramaanandh ||22||	It is only by death that perfect, supreme bliss is obtained. ||22||	'ਦੁਨੀਆ' ਦੇ ਇਸ ਮੋਹ ਵਲੋਂ ਮਰਿਆਂ ਹੀ ਉਹ ਪਰਮਾਤਮਾ ਮਿਲਦਾ ਹੈ ਜੋ ਮੁਕੰਮਲ ਤੌਰ ਤੇ ਆਨੰਦ ਸਰੂਪ ਹੈ ॥੨੨॥
58311	1365	ਰਾਮ ਪਦਾਰਥੁ ਪਾਇ ਕੈ ਕਬੀਰਾ ਗਾਂਠਿ ਨ ਖੋਲ੍ਹ॥		Raam Padhaarathh Paae Kai Kabeeraa Gaanth N Kholh ||	The Treasure of the Lord is obtained, O Kabeer, but do not undo its knot.	(ਜਿਧਰ ਤੱਕੋ, 'ਦੁਨੀਆ' ਦੀ ਖ਼ਾਤਰ ਹੀ ਦੌੜ-ਭੱਜ ਹੈ; ਸੋ) ਹੇ ਕਬੀਰ! (ਚੰਗੇ ਭਾਗਾਂ ਨਾਲ) ਜੇ ਤੈਨੂੰ ਪਰਮਾਤਮਾ ਦੇ ਨਾਮ ਦੀ ਸੋਹਣੀ ਵਸਤ ਮਿਲ ਗਈ ਹੈ ਤਾਂ ਇਹ ਗਠੜੀ ਹੋਰਨਾਂ ਅੱਗੇ ਨਾਹ ਖੋਲ੍ਹਦਾ ਫਿਰ।

58312	1365	ਨਹੀ ਪਟਣੁ ਨਹੀ ਪਾਰਖੂ ਨਹੀ ਗਾਹਕੁ ਨਹੀ ਮੋਲੁ॥੨੩॥		Nehee Pattan Nehee Paarakhoo Nehee Gaahak Nehee Mol ||23||	There is no market to sell it, no appraiser, no customer, and no price. ||23||	(ਜਗਤ 'ਦੁਨੀਆ' ਵਿਚ ਇਤਨਾ ਮਸਤ ਹੈ ਕਿ ਨਾਮ-ਪਦਾਰਥ ਦੇ ਖ਼ਰੀਦਣ ਲਈ) ਨਾਹ ਕੋਈ ਮੰਡੀ ਹੈ ਨਾ ਕੋਈ ਇਸ ਵਸਤ ਦੀ ਕਦਰ ਕਰਨ ਵਾਲਾ ਹੈ, ਨਾਹ ਇਹ ਕੋਈ ਵਸਤ ਖ਼ਰੀਦਣੀ ਚਾਹੁੰਦਾ ਹੈ, ਤੇ ਨਾਹ ਕੋਈ ਇਤਨੀ ਕੀਮਤ ਹੀ ਦੇਣ ਨੂੰ ਤਿਆਰ ਹੈ (ਕਿ 'ਦੁਨੀਆ' ਨਾਲੋਂ ਪ੍ਰੀਤ ਤੋੜੇ) ॥੨੩॥
58313	1365	ਕਬੀਰ ਤਾ ਸਿਉ ਪ੍ਰੀਤਿ ਕਰਿ ਜਾ ਕੋ ਠਾਕੁਰੁ ਰਾਮੁ॥		Kabeer Thaa Sio Preeth Kar Jaa Ko Thaakur Raam ||	Kabeer, be in love with only that one, whose Master is the Lord.	ਹੇ ਕਬੀਰ! ਉਸ (ਸਤਸੰਗੀ) ਨਾਲ ਸਾਂਝ ਬਣਾ ਜਿਸ ਦਾ (ਆਸਰਾ-ਪਰਨਾ) ਉਹ ਪਰਮਾਤਮਾ ਹੈ ਜੋ ਸਭ ਦਾ ਪਾਲਕ ਹੈ, ('ਰਾਮ ਪਦਾਰਥ' ਦੇ ਵਣਜਾਰਿਆਂ ਨਾਲ ਬਣੀ ਹੋਈ ਪ੍ਰੀਤ ਤੋੜ ਨਿਭ ਸਕਦੀ ਹੈ,
58314	1365	ਪੰਡਿਤ ਰਾਜੇ ਭੂਪਤੀ ਆਵਹਿ ਕਉਨੇ ਕਾਮ॥੨੪॥		Panddith Raajae Bhoopathee Aavehi Kounae Kaam ||24||	The Pandits, the religious scholars, kings and landlords - what good is love for them? ||24||	ਪਰ ਜਿਨ੍ਹਾਂ ਨੂੰ ਵਿਦਿਆ ਰਾਜ ਭੁਇਂ ਆਦਿਕ ਦਾ ਮਾਣ ਹੈ, ਜੋ 'ਦੁਨੀਆ' ਦੇ ਵਪਾਰੀ ਹਨ ਉਹ) ਪੰਡਿਤ ਹੋਣ ਚਾਹੇ ਰਾਜੇ ਹੋਣ ਚਾਹੇ ਬੜੀ ਭੁਇਂ ਦੇ ਮਾਲਕ ਹੋਣ ਕਿਸੇ ਕੰਮ ਨਹੀਂ ਆਉਂਦੇ ॥੨੪॥

58315	1365	ਕਬੀਰ ਪ੍ਰੀਤਿ ਇਕ ਸਿਉ ਕੀਏ ਆਨ ਦੁਬਿਧਾ ਜਾਇ॥	(ਆਨ) ਹੋਰ (ਦੁਬਿਧਾ) ਦ੍ਵੈਤ ਜਾਇ ਚੱਲੀ ਜਾਂਦੀ ਹੈ	Kabeer Preeth Eik Sio Keeeae Aan Dhubidhhaa Jaae ||	Kabeer, when you are in love with the One Lord, duality and alienation depart.	ਹੇ ਕਬੀਰ! ('ਦੁਨੀਆ' ਵਾਲਾ) ਹੋਰ ਹੋਰ ਸਹਿਮ ਤਦੋਂ ਹੀ ਦੂਰ ਹੁੰਦਾ ਹੈ ਜੇ ਇੱਕ ਪਰਮਾਤਮਾ ਨਾਲ ਪਿਆਰ ਪਾਇਆ ਜਾਏ।
58316	1365	ਭਾਵੈ ਲਾਂਬੇ ਕੇਸ ਕਰੁ ਭਾਵੈ ਘਰਰਿ ਮੁਡਾਇ॥੨੫॥	ਪੂਰਨ ਸੱਚੇ ਵਾਹਿਗੁਰੂ ਜੀ ਨੂੰ (ਭਾਵੈ) ਭਾਉਂਦਾ ਹੈ,ਕੇਸ (ਲਾਂਬੇ) ਲੰਬੇ ਕਰੁ ਰਹੇ ਹਨ, ਜੀਵ ਨੂੰ ਭਾਉਂਦਾ ਹੈ, ਉਸਤ੍ਰੇ ਨਾਲ (ਘਰਰਿ) ਘਸਾ ਕੇ, (ਮੁਡਾਇ) ਮੁਨਾ ਦਿੰਦਾ ਹੈ	Bhaavai Laanbae Kaes Kar Bhaavai Gharar Muddaae ||25||	You may have long hair, or you may shave your head bald. ||25||	(ਜਦ ਤਕ ਪ੍ਰਭੂ ਨਾਲ ਪ੍ਰੀਤ ਨਹੀਂ ਜੋੜੀ ਜਾਂਦੀ, 'ਦੁਨੀਆ' ਵਾਲੀ 'ਦੁਬਿਧਾ' ਮਿਟ ਨਹੀਂ ਸਕਦੀ) ਚਾਹੇ (ਸੁਆਹ ਮਲ ਕੇ) ਲੰਮੀਆਂ ਜਟਾਂ ਰਖ ਲੈ, ਚਾਹੇ ਉੱਕਾ ਹੀ ਸਿਰ ਰੋਡ-ਮੋਡ ਕਰ ਲੈ (ਅਤੇ ਜੰਗਲਾਂ ਜਾਂ ਤੀਰਥਾਂ ਤੇ ਜਾ ਕੇ ਡੇਰਾ ਲਾ ਲੈ) ॥੨੫॥
58317	1365	ਕਬੀਰ ਜਗੁ ਕਾਜਲ ਕੀ ਕੋਠਰੀ ਅੰਧ ਪਰੇ ਤਿਸ ਮਾਹਿ॥	ਕੱਾਜਲ	Kabeer Jag Kaajal Kee Kotharee Andhh Parae This Maahi ||	Kabeer, the world is a room filled with black soot; the blind fall into its trap.	ਹੇ ਕਬੀਰ! 'ਦੁਨੀਆ' ਦਾ ਮੋਹ, ਮਾਨੋ, ਇਕ ਐਸੀ ਕੋਠੜੀ ਹੈ ਜੋ ਕਾਲਖ ਨਾਲ ਭਰੀ ਹੋਈ ਹੈ; ਇਸ ਵਿਚ ਉਹ ਬੰਦੇ ਡਿੱਗੇ ਪਏ ਹਨ ਜਿਨ੍ਹਾਂ ਦੀਆਂ ਅੱਖਾਂ ਬੰਦ ਹਨ (ਜਿਨ੍ਹਾਂ ਨੂੰ 'ਦੀਨ' ਦੀ ਸੂਝ ਨਹੀਂ ਆਈ, ਚਾਹੇ ਉਹ ਪੰਡਿਤ ਰਾਜੇ ਭੂਪਤੀ ਹਨ, ਚਾਹੇ ਜਟਾਧਾਰੀ ਸੰਨਿਆਸੀ ਆਦਿਕ ਤਿਆਗੀ ਹਨ)।

58318	1365	ਹਉ ਬਲਿਹਾਰੀ ਤਿਨ੍ ਕਉ ਪੈਸਿ ਜੁ ਨੀਕਸਿ ਜਾਹਿ॥੨੬॥		Ho Balihaaree Thin Ko Pais J Neekas Jaahi ||26||	I am a sacrifice to those who are thrown in, and still escape. ||26||	ਪਰ, ਮੈਂ ਉਹਨਾਂ ਤੋਂ ਸਦਕੇ ਹਾਂ, ਜੋ ਇਸ ਵਿਚ ਡਿੱਗ ਕੇ ਮੁੜ ਨਿਕਲ ਆਉਂਦੇ ਹਨ-(ਜੋ ਇੱਕ ਪਰਮਾਤਮਾ ਨਾਲ ਪਿਆਰ ਪਾ ਕੇ 'ਦੁਨੀ' ਦੇ ਮੋਹ ਨੂੰ ਤਿਆਗ ਦੇਂਦੇ ਹਨ) ॥੨੬॥
58319	1365	ਕਬੀਰ ਇਹੁ ਤਨੁ ਜਾਇਗਾ ਸਕਹੁ ਤ ਲੇਹੁ ਬਹੋਰਿ॥		Kabeer Eihu Than Jaaeigaa Sakahu Th Laehu Behor ||	Kabeer, this body shall perish; save it, if you can.	ਹੇ ਕਬੀਰ! ਇਹ ਸਾਰਾ ਸਰੀਰ ਨਾਸ ਹੋ ਜਾਇਗਾ, ਜੇ ਤੁਸੀਂ ਇਸ ਨੂੰ ਨਾਸ ਹੋਣ ਤੋਂ ਬਚਾ ਸਕਦੇ ਹੋ ਤਾਂ ਬਚਾ ਲਵੋ (ਭਾਵ, ਕੋਈ ਭੀ ਆਪਣੇ ਸਰੀਰ ਨੂੰ ਨਾਸ ਹੋਣ ਤੋਂ ਬਚਾ ਨਹੀਂ ਸਕਦਾ, ਇਹ ਜ਼ਰੂਰ ਨਾਸ ਹੋਵੇਗਾ)।
58320	1365	ਨਾਂਗੇ ਪਾਵਹੁ ਤੇ ਗਏ ਜਿਨ੍ ਕੇ ਲਾਖ ਕਰੋਰਿ॥੨੭॥		Naangae Paavahu Thae Geae Jin Kae Laakh Karor ||27||	Even those who have tens of thousands and millions, must depart bare-footed in the end. ||27||	ਜਿਨ੍ਹਾਂ ਬੰਦਿਆਂ ਦੇ ਪਾਸ ਲੱਖਾਂ ਕ੍ਰੋੜਾਂ ਰੁਪਏ ਜਮ੍ਹਾ ਸਨ, ਉਹ ਭੀ ਇਥੋਂ ਨੰਗੀ ਪੈਰੀਂ ਹੀ (ਭਾਵ, ਕੰਗਾਲਾਂ ਵਾਂਗ ਹੀ) ਚਲੇ ਗਏ (ਸਾਰੀ ਉਮਰ 'ਦੁਨੀਆ' ਦੀ ਖ਼ਾਤਰ ਭਟਕਦੇ ਰਹੇ, 'ਦੀਨ' ਨੂੰ ਵਿਸਾਰ ਦਿੱਤਾ; ਆਖ਼ਰ ਇਹ 'ਦੁਨੀਆ' ਤਾਂ ਇਥੇ ਰਹਿ ਗਈ, ਇਥੋਂ ਆਤਮਕ ਜੀਵਨ ਵਿਚ ਨਿਰੋਲ ਕੰਗਾਲ ਹੋ ਕੇ ਤੁਰੇ) ॥੨੭॥

58321	1365	ਕਬੀਰ ਇਹੁ ਤਨੁ ਜਾਇਗਾ ਕਵਨੈ ਮਾਰਗਿ ਲਾਇ॥		Kabeer Eihu Than Jaaeigaa Kavanai Maarag Laae ||	Kabeer, this body shall perish; place it on the path.	ਹੇ ਕਬੀਰ! ਇਹ ਸਰੀਰ ਨਾਸ ਹੋ ਜਾਇਗਾ, ਇਸ ਨੂੰ ਕਿਸੇ (ਉਸ) ਕੰਮ ਵਿਚ ਜੋੜ (ਜੋ ਤੇਰੇ ਲਈ ਲਾਹੇਵੰਦਾ ਹੋਵੇ);
58322	1365	ਕੈ ਸੰਗਤਿ ਕਰਿ ਸਾਧ ਕੀ ਕੈ ਹਰਿ ਕੇ ਗੁਨ ਗਾਇ॥੨੮॥		Kai Sangath Kar Saadhh Kee Kai Har Kae Gun Gaae ||28||	Either join the Saadh Sangat, the Company of the Holy, or sing the Glorious Praises of the Lord. ||28||	ਸੋ, ਸਾਧ ਸੰਗਤ ਕਰ ਅਤੇ ਪ੍ਰਭੂ ਦੀ ਸਿਫ਼ਤ-ਸਾਲਾਹ ਕਰ ('ਦੁਨੀ' ਤਾਂ ਇਥੇ ਹੀ ਰਹਿ ਜਾਂਦੀ ਹੈ, 'ਦੀਨ' ਹੀ ਸਾਥੀ ਬਣਦਾ ਹੈ) ॥੨੮॥
58323	1365	ਕਬੀਰ ਮਰਤਾ ਮਰਤਾ ਜਗੁ ਮੂਆ ਮਰਿ ਭੀ ਨ ਜਾਨਿਆ ਕੋਇ॥		Kabeer Marathaa Marathaa Jag Mooaa Mar Bhee N Jaaniaa Koe ||	Kabeer, dying, dying, the whole world has to die, and yet, none know how to die.	ਹੇ ਕਬੀਰ! (ਨਿਰੀ 'ਦੁਨੀਆ' ਦਾ ਵਪਾਰੀ) ਜਗਤ ਹਰ ਵੇਲੇ ਮੌਤ ਦੇ ਸਹਿਮ ਦਾ ਦਬਾਇਆ ਰਹਿੰਦਾ ਹੈ, (ਨਿਰੀ ਮਾਇਆ ਦਾ ਵਪਾਰੀ) ਕਿਸੇ ਧਿਰ ਨੂੰ ਭੀ ਸਮਝ ਨਹੀਂ ਆਉਂਦੀ ਕਿ ਮੌਤ ਦਾ ਇਹ ਸਹਿਮ ਕਿਵੇਂ ਮੁਕਾਇਆ ਜਾਏ।
58324	1366	ਐਸੇ ਮਰਨੇ ਜੋ ਮਰੈ ਬਹੁਰਿ ਨ ਮਰਨਾ ਹੋਇ॥੨੯॥		Aisae Maranae Jo Marai Bahur N Maranaa Hoe ||29||	Let those who die, die such a death, that they shall never have to die again. ||29||	(ਸਾਧ ਸੰਗਤ ਵਿਚ ਪ੍ਰਭੂ ਦੀ ਸਿਫ਼ਤ-ਸਾਲਾਹ ਕਰ ਕੇ) ਜੋ ਮਨੁੱਖ ਜਿਊਂਦਾ ਹੀ ਮਰਦਾ ਹੈ ('ਦੁਨੀਆ' ਵਲੋਂ ਮੋਹ ਤੋੜਦਾ ਹੈ) ਉਸ ਨੂੰ ਫਿਰ ਇਹ ਸਹਿਮ ਨਹੀਂ ਰਹਿੰਦਾ ॥੨੯॥

58325	1366	ਕਬੀਰ ਮਾਨਸ ਜਨਮੁ ਦੁਲੰਭੁ ਹੈ ਹੋਇ ਨ ਬਾਰੈ ਬਾਰ॥	ਦੁ-ਲੰਭੁ	Kabeer Maanas Janam Dhulanbh Hai Hoe N Baarai Baar ||	Kabeer, it is so difficult to obtain this human body; it does not just come over and over again.	ਹੇ ਕਬੀਰ! ਮਨੁੱਖਾ ਜਨਮ ਬੜੀ ਮੁਸ਼ਕਲ ਨਾਲ ਮਿਲਦਾ ਹੈ, (ਤੇ, ਜੇ ਪ੍ਰਭੂ ਦਾ ਨਾਮ ਵਿਸਾਰ ਕੇ ਨਿਰਾ 'ਦੁਨੀਆ' ਵਿਚ ਲੱਗ ਕੇ ਇੱਕ ਵਾਰੀ ਹੱਥੋਂ ਗਿਆ) ਤਾਂ ਮੁੜ ਮੁੜ ਨਹੀਂ ਮਿਲਦਾ;
58326	1366	ਜਿਉ ਬਨ ਫਲ ਪਾਕੇ ਭੁਇ ਗਿਰਹਿ ਬਹੁਰਿ ਨ ਲਾਗਹਿ ਡਾਰ॥੩੦॥		Jio Ban Fal Paakae Bhue Girehi Bahur N Laagehi Ddaar ||30||	It is like the ripe fruit on the tree; when it falls to the ground, it cannot be re-attached to the branch. ||30||	ਜਿਵੇਂ ਜੰਗਲ ਦੇ ਰੁੱਖਾਂ ਦੇ ਪੱਕੇ ਹੋਏ ਫਲ (ਜਦੋਂ) ਜ਼ਮੀਨ ਉਤੇ ਡਿੱਗ ਪੈਂਦੇ ਹਨ ਤਾਂ ਮੁੜ ਡਾਲੀ ਨਾਲ ਨਹੀਂ ਲੱਗਦੇ ॥੩੦॥
58327	1366	ਕਬੀਰਾ ਤੁਹੀ ਕਬੀਰੁ ਤੂ ਤੇਰੋ ਨਾਉ ਕਬੀਰੁ॥		Kabeeraa Thuhee Kabeer Thoo Thaero Naao Kabeer ||	Kabeer, you are Kabeer; your name means great.	(ਇਸ ਮਨੁੱਖਾ ਜਨਮ ਦਾ ਅਸਲ ਮਨੋਰਥ 'ਪਰਮਾਤਮਾ ਦੇ ਨਾਮ ਦੀ ਪ੍ਰਾਪਤੀ' ਹੈ, ਇਸ ਦੀ ਖ਼ਾਤਰ ਇਹ ਜ਼ਰੂਰੀ ਹੈ ਕਿ ਪਰਮਾਤਮਾ ਦਾ ਸਿਮਰਨ ਕੀਤਾ ਜਾਏ, ਪ੍ਰਭੂ ਦੇ ਗੁਣ ਜਾਏ ਜਾਣ; ਸੋ) ਹੇ ਕਬੀਰ! (ਸਦਾ ਇਉਂ ਆਖ-ਹੇ ਪ੍ਰਭੂ!) ਤੂੰ ਹੀ ਸਭ ਤੋਂ ਵੱਡਾ ਹੈਂ, ਤੇਰਾ ਹੀ ਨਾਮ ਸਭ ਤੋਂ ਵੱਡਾ ਹੈ।

58328	1366	ਰਾਮ ਰਤਨੁ ਤਬ ਪਾਈਐ ਜਉ ਪਹਿਲੇ ਤਜਹਿ ਸਰੀਰੁ॥੩੧॥		Raam Rathan Thab Paaeeai Jo Pehilae Thajehi Sareer ||31||	O Lord, You are Kabeer. The Jewel of the Lord is obtained, when the mortal first gives up his body. ||31||	(ਪਰ ਇਸ ਸਿਫ਼ਤ-ਸਾਲਾਹ ਦੇ ਨਾਲ ਨਾਲ ਹੇ ਕਬੀਰ!) ਜੇ ਤੂੰ ਪਹਿਲਾਂ ਆਪਣੇ ਸਰੀਰ ਦਾ ਮੋਹ ਭੀ ਤਿਆਗੇਂ, ਤਦੋਂ ਹੀ ਪਰਮਾਤਮਾ ਦਾ ਨਾਮ-ਰੂਪ ਰਤਨ ਮਿਲਦਾ ਹੈ ॥੩੧॥
58329	1366	ਕਬੀਰ ਝੰਖੁ ਨ ਝੰਖੀਐ ਤੁਮਰੋ ਕਹਿਓ ਨ ਹੋਇ॥		Kabeer Jhankh N Jhankheeai Thumaro Kehiou N Hoe ||	Kabeer, do not struggle in stubborn pride; nothing happens just because you say so.	ਹੇ ਕਬੀਰ! ('ਸਰੀਰ ਤਜਣ' ਦਾ ਭਾਵ ਇਹ ਹੈ ਕਿ 'ਦੁਨੀਆ' ਦੀ ਖ਼ਾਤਰ) ਗਿਲੇ-ਗੁਜ਼ਾਰੀ ਨਾਹ ਕਰਦੇ ਰਹੀਏ, ('ਦੁਨੀਆ' ਦੇ ਲਾਲਚ ਵਿਚ ਫਸਿਆ ਹੋਇਆ) ਜੋ ਕੁਝ ਤੂੰ ਆਖਦਾ ਹੈਂ ਉਹੀ ਨਹੀਂ ਹੋ ਸਕਦਾ,
58330	1366	ਕਰਮ ਕਰੀਮ ਜੁ ਕਰਿ ਰਹੇ ਮੇਟਿ ਨ ਸਾਕੈ ਕੋਇ॥੩੨॥		Karam Kareem J Kar Rehae Maett N Saakai Koe ||32||	No one can erase the actions of the Merciful Lord. ||32||	(ਸਿਫ਼ਤ-ਸਾਲਾਹ ਕਰਨ ਦੇ ਨਾਲ ਨਾਲ ਇਹ ਭੀ ਯਕੀਨ ਰੱਖ ਕਿ) ਬਖ਼ਸ਼ਸ਼ ਕਰਨ ਵਾਲੇ ਪ੍ਰਭੂ ਜੀ ਜੋ ਬਖ਼ਸ਼ਸ਼ਾਂ (ਜੀਵਾਂ ਉਤੇ) ਕਰਦੇ ਹਨ ਉਹਨਾਂ ਨੂੰ ਕੋਈ (ਹੋਰ ਜੀਵ) ਵਧਾ-ਘਟਾ ਨਹੀਂ ਸਕਦਾ ॥੩੨॥
58331	1366	ਕਬੀਰ ਕਸਉਟੀ ਰਾਮ ਕੀ ਝੂਠਾ ਟਿਕੈ ਨ ਕੋਇ॥	ਕ-ਸਉਟੀ ਰਾਮ	Kabeer Kasouttee Raam Kee Jhoothaa Ttikai N Koe ||	Kabeer, no one who is false can withstand the Touchstone of the Lord.	ਹੇ ਕਬੀਰ! ਜੋ ਮਨੁੱਖ 'ਦੁਨੀਆ' ਨਾਲ ਮੋਹ ਕਰਨ ਵਾਲਾ ਹੈ ਉਹ ਉਸ ਕਸੌਟੀ ਉਤੇ ਖਰਾ ਸਾਬਤ ਨਹੀਂ ਹੁੰਦਾ ਜਿਸ ਦੀ ਰਾਹੀਂ ਮਨੁੱਖ ਦੀ ਪ੍ਰਭੂ ਨਾਲ ਸੱਚੀ ਪ੍ਰੀਤ ਪਰਖੀ ਜਾਂਦੀ ਹੈ।

58332	1366	ਰਾਮ ਕਸਉਟੀ ਸੋ ਸਹੈ ਜੋ ਮਰਿ ਜੀਵਾ ਹੋਇ॥੩੩॥		Raam Kasouttee So Sehai Jo Mar Jeevaa Hoe ||33||	He alone can pass the test of the Lord's Touchstone, who remains dead while yet alive. ||33||	ਪ੍ਰਭੂ ਨਾਲ ਪ੍ਰੀਤ ਦੀ ਪਰਖ ਵਿਚ ਉਹੀ ਮਨੁੱਖ ਪੂਰਾ ਉਤਰਦਾ ਹੈ ਜੋ 'ਦੁਨੀਆ' ਦੇ ਮੋਹ ਵਲੋਂ ਮਰ ਕੇ 'ਦੀਨ' ਦੇ ਪਿਆਰ ਵਿਚ ਜੀਊ ਪਿਆ ਹੈ ॥੩੩॥
58333	1366	ਕਬੀਰ ਊਜਲ ਪਹਿਰਹਿ ਕਾਪਰੇ ਪਾਨ ਸੁਪਾਰੀ ਖਾਹਿ॥	ਪਹਿ-ਰਹਿ	Kabeer Oojal Pehirehi Kaaparae Paan Supaaree Khaahi ||	Kabeer, some wear gaudy robes, and chew betel leaves and betel nuts.	ਹੇ ਕਬੀਰ! (ਨਿਰੀ 'ਦੁਨੀਆ' ਦੇ ਵਪਾਰੀ ਬੰਦੇ ਆਪਣੇ ਆਪ ਦੀ ਸ਼ੂਕਾ-ਸ਼ਾਕੀ ਵਾਸਤੇ) ਵਧੀਆ ਕੱਪੜੇ ਪਾਂਦੇ ਹਨ ਤੇ ਪਾਨ ਸੁਪਾਰੀਆਂ ਖਾਂਦੇ ਹਨ;
58334	1366	ਏਕਸ ਹਰਿ ਕੇ ਨਾਮ ਬਿਨੁ ਬਾਧੇ ਜਮਪੁਰਿ ਜਾਂਹਿ॥੩੪॥		Eaekas Har Kae Naam Bin Baadhhae Jam Pur Jaanhi ||34||	Without the Name of the One Lord, they are bound and gagged and taken to the City of Death. ||34||	ਪਰ (ਸਰੀਰ ਨੂੰ ਸਜਾਈ ਰੱਖਣ ਦੇ ਮੋਹ ਨਾਲ) ਬੱਝੇ ਹੋਏ ਉਹ ਬੰਦੇ ਮੌਤ ਆਦਿਕ ਦੇ ਸਹਿਮ ਵਿਚ ਟਿਕੇ ਰਹਿੰਦੇ ਹਨ ਕਿਉਂਕਿ ਉਹ ਪਰਮਾਤਮਾ ਦੇ ਨਾਮ ਤੋਂ ਵਾਂਜੇ ਰਹਿੰਦੇ ਹਨ ('ਦੀਨ' ਵਿਸਾਰ ਕੇ 'ਦੁਨੀ' ਦਾ ਮੋਹ ਹਰ ਹਾਲਤ ਵਿਚ ਦੁਖਦਾਈ ਹੈ) ॥੩੪॥
58335	1366	ਕਬੀਰ ਬੇੜਾ ਜਰਜਰਾ ਫੂਟੇ ਛੇਂਕ ਹਜਾਰ॥		Kabeer Baerraa Jarajaraa Foottae Shhaenak Hajaar ||	Kabeer, the boat is old, and it has thousands of holes.	ਹੇ ਕਬੀਰ! ਜੇ ਇਕ ਬਹੁਤ ਹੀ ਪੁਰਾਣਾ ਜਹਾਜ਼ ਹੋਵੇ, ਜਿਸ ਵਿਚ ਹਜ਼ਾਰਾਂ ਹੀ ਛੇਕ ਫੁੱਟ ਪਏ ਹੋਣ,

58336	1366	ਹਰੂਏ ਹਰੂਏ ਤਿਰਿ ਗਏ ਡੂਬੇ ਜਿਨ ਸਿਰ ਭਾਰ॥੩੫॥		Harooeae Harooeae Thir Geae Ddoobae Jin Sir Bhaar ||35||	Those who are light get across, while those who carry the weight of their sins on their heads are drowned. ||35||	(ਉਹ ਆਖ਼ਰ ਸਮੁੰਦਰ ਵਿਚ ਡੁੱਬ ਹੀ ਜਾਂਦਾ ਹੈ, ਇਸ ਜਹਾਜ਼ ਦੇ ਮੁਸਾਫ਼ਿਰਾਂ ਵਿਚੋਂ) ਸਿਰਫ਼ ਉਹੀ ਬੰਦੇ ਤਰ ਕੇ ਪਾਰ ਲੰਘ ਜਾਂਦੇ ਹਨ ਜਿਨ੍ਹਾਂ ਨੇ ਕੋਈ ਭਾਰ ਨਹੀਂ ਚੁੱਕਿਆ ਹੁੰਦਾ; ਪਰ ਜਿੰਨ੍ਹਾਂ ਦੇ ਸਿਰਾਂ ਉਤੇ ਭਾਰ ਹੁੰਦਾ ਹੈ, ਉਹ (ਭਾਰ ਹੇਠ ਦੱਬ ਕੇ) ਡੁੱਬ ਜਾਂਦੇ ਹਨ ॥੩੫॥
58337	1366	ਕਬੀਰ ਹਾਡ ਜਰੇ ਜਿਉ ਲਾਕਰੀ ਕੇਸ ਜਰੇ ਜਿਉ ਘਾਸੁ॥		Kabeer Haadd Jarae Jio Laakaree Kaes Jarae Jio Ghaas ||	Kabeer, the bones burn like wood, and the hair burns like straw.	('ਦੀਨ' ਨੂੰ ਵਿਸਾਰ ਕੇ ਨਿਰੀ 'ਦੁਨੀਆ' ਦੀ ਖ਼ਾਤਰ ਦੌੜ-ਭੱਜ ਕਰਦਿਆਂ ਮਨੁੱਖ ਆਪਣੇ ਸਰੀਰ ਦੇ ਮੋਹ ਵਿਚ ਇਤਨਾ ਫਸਦਾ ਹੈ ਕਿ ਹਰ ਵੇਲੇ ਮੌਤ ਤੋਂ ਸਹਿਮਿਆ ਰਹਿੰਦਾ ਹੈ। ਫਿਰ ਭੀ, ਇਹ ਸਰੀਰ ਸਦਾ ਕਾਇਮ ਨਹੀਂ ਰਹਿ ਸਕਦਾ, ਮੌਤ ਆ ਹੀ ਜਾਂਦੀ ਹੈ, ਤਦੋਂ) ਹੇ ਕਬੀਰ! (ਸਰੀਰ ਨੂੰ ਚਿਖਾ ਤੇ ਪਾਇਆਂ) ਹੱਡ ਲੱਕੜਾਂ ਵਾਂਗ ਸੜਦੇ ਹਨ, ਕੇਸ ਘਾਹ ਵਾਂਗ ਸੜਦੇ ਹਨ।

58338	1366	ਇਹੁ ਜਗੁ ਜਰਤਾ ਦੇਖਿ ਕੈ ਭਇਓ ਕਬੀਰੁ ਉਦਾਸੁ॥੩੬॥		Eihu Jag Jarathaa Dhaekh Kai Bhaeiou Kabeer Oudhaas ||36||	Seeing the world burning like this, Kabeer has become sad. ||36||	ਇਸ ਸਾਰੇ ਸੰਸਾਰ ਨੂੰ ਹੀ ਸੜਦਿਆਂ ਵੇਖ ਕੇ (ਭਾਵ, ਇਹ ਵੇਖ ਕੇ ਕਿ ਸਭ ਜੀਵਾਂ ਦਾ ਇਸ ਸਰੀਰ ਨਾਲੋਂ ਵਿਛੋੜਾ ਆਖ਼ਰ ਜ਼ਰੂਰ ਹੁੰਦਾ ਹੈ) ਮੈਂ ਕਬੀਰ ਇਸ ਸਰੀਰ ਦੇ ਮੋਹ ਤੋਂ ਉਪਰਾਮ ਹੋ ਗਿਆ ਹਾਂ (ਮੈਂ ਸਰੀਰ ਦਾ ਮੋਹ ਛੱਡ ਦਿੱਤਾ ਹੈ) ॥੩੬॥
58339	1366	ਕਬੀਰ ਗਰਬੁ ਨ ਕੀਜੀਐ ਚਾਮ ਲਪੇਟੇ ਹਾਡ॥		Kabeer Garab N Keejeeai Chaam Lapaettae Haadd ||	Kabeer, do not be so proud of your bones wrapped up in skin.	ਹੇ ਕਬੀਰ! (ਇਸ ਸਰੀਰ ਦੀ ਜੁਆਨੀ ਸੁੰਦਰਤਾ ਆਦਿਕ ਦਾ) ਮਾਣ ਨਹੀਂ ਕਰਨਾ ਚਾਹੀਦਾ (ਆਖ਼ਰ ਹੈ ਤਾਂ ਇਹ) ਹੱਡੀਆਂ (ਦੀ ਮੁੱਠ) ਜੋ ਚੰਮ ਨਾਲ ਲਪੇਟੀਆਂ ਹੋਈਆਂ ਹਨ।
58340	1366	ਹੈਵਰ ਊਪਰਿ ਛਤ੍ਰ ਤਰ ਤੇ ਫੁਨਿ ਧਰਨੀ ਗਾਡ॥੩੭॥		Haivar Oopar Shhathr Thar Thae Fun Dhharanee Gaadd ||37||	Those who were on their horses and under their canopies, were eventually buried under the ground. ||37||	(ਇਸ ਸਰੀਰ ਦਾ ਅਹੰਕਾਰ ਕਰਦੇ) ਉਹ ਬੰਦੇ ਭੀ (ਅੰਤ ਨੂੰ) ਮਿੱਟੀ ਵਿਚ ਜਾ ਰਲੇ ਜੋ ਵਧੀਆ ਘੋੜਿਆਂ ਉੱਤੇ (ਸਵਾਰ ਹੁੰਦੇ ਸਨ) ਤੇ ਜੋ (ਝੂਲਦੇ) ਛਤਰਾਂ ਹੇਠ ਬੈਠਦੇ ਸਨ ॥੩੭॥
58341	1366	ਕਬੀਰ ਗਰਬੁ ਨ ਕੀਜੀਐ ਊਚਾ ਦੇਖਿ ਅਵਾਸੁ॥		Kabeer Garab N Keejeeai Oochaa Dhaekh Avaas ||	Kabeer, do not be so proud of your tall mansions.	ਹੇ ਕਬੀਰ! ਆਪਣਾ ਉੱਚਾ ਮਹਲ ਵੇਖ ਕੇ (ਭੀ) ਅਹੰਕਾਰ ਨਹੀਂ ਕਰਨਾ ਚਾਹੀਦਾ (ਇਹ ਭੀ ਚਾਰ ਦਿਨ ਦੀ ਹੀ ਖੇਡ ਹੈ;

58342	1366	ਆਜੁ ਕਾਲਿ੍ ਭੁਇ ਲੇਟਣਾ ਊਪਰਿ ਜਾਮੈ ਘਾਸੁ॥੩੮॥		Aaj Kaalih Bhue Laettanaa Oopar Jaamai Ghaas ||38||	Today or tomorrow, you shall lie beneath the ground, and the grass shall grow above you. ||38||	ਮੌਤ ਆਉਣ ਤੇ ਇਸ ਮਹਲ ਨੂੰ ਛੱਡ ਕੇ) ਅੱਜ ਭਲਕ ਹੀ ਮਿੱਟੀ ਵਿਚ ਰਲ ਜਾਣਾ ਹੈ, ਸਾਡੇ (ਸਰੀਰ) ਉਤੇ ਘਾਹ ਉੱਗ ਪਏਗਾ ॥੩੮॥
58343	1366	ਕਬੀਰ ਗਰਬੁ ਨ ਕੀਜੀਐ ਰੰਕੁ ਨ ਹਸੀਐ ਕੋਇ॥		Kabeer Garab N Keejeeai Rank N Haseeai Koe ||	Kabeer, do not be so proud, and do not laugh at the poor.	ਹੇ ਕਬੀਰ! (ਜੇ ਤੂੰ ਧਨਵਾਨ ਹੈਂ, ਤਾਂ ਇਸ ਧਨ-ਪਦਾਰਥ ਦਾ ਭੀ) ਮਾਣ ਨਾਹ ਕਰੀਂ, ਨਾਹ ਕਿਸੇ ਕੰਗਾਲ ਨੂੰ (ਵੇਖ ਕੇ) ਠੱਠਾ-ਮਖ਼ੌਲ ਕਰੀਂ।
58344	1366	ਅਜਹੁ ਸੁ ਨਾਉ ਸਮੁੰਦ੍ਰ ਮਹਿ ਕਿਆ ਜਾਨਉ ਕਿਆ ਹੋਇ॥੩੯॥		Ajahu S Naao Samundhr Mehi Kiaa Jaano Kiaa Hoe ||39||	Your boat is still out at sea; who knows what will happen? ||39||	(ਤੇਰੀ ਆਪਣੀ ਜੀਵਨ-) ਬੇੜੀ ਅਜੇ ਸਮੁੰਦਰ ਵਿਚ ਹੈ, ਪਤਾ ਨਹੀਂ ਕੀਹ ਹੋ ਜਾਏ (ਇਹ ਧਨ-ਪਦਾਰਥ ਹੱਥੋਂ ਜਾਂਦਿਆਂ ਚਿਰ ਨਹੀਂ ਲੱਗਦਾ) ॥੩੯॥
58345	1366	ਕਬੀਰ ਗਰਬੁ ਨ ਕੀਜੀਐ ਦੇਹੀ ਦੇਖਿ ਸੁਰੰਗ॥	(ਸੁਰੰਗ) ਸੋਨੇ ਰੰਗੀ	Kabeer Garab N Keejeeai Dhaehee Dhaekh Surang ||	Kabeer, do not be so proud, looking at your beautiful body.	ਹੇ ਕਬੀਰ! ਇਸ ਸੋਹਣੇ ਰੰਗ ਵਾਲੇ ਸਰੀਰ ਨੂੰ ਵੇਖ ਕੇ ਭੀ ਅਹੰਕਾਰ ਨਾਹ ਕਰੀਏ;
58346	1366	ਆਜੁ ਕਾਲਿ੍ ਤਜਿ ਜਾਹੁਗੇ ਜਿਉ ਕਾਂਚੁਰੀ ਭੁਯੰਗ॥੪੦॥	ਭੁ-ਯੰਗ: ਯੰ ਤਾਲੂ ਤੋਂ ਬੋਲੋ	Aaj Kaalih Thaj Jaahugae Jio Kaanchuree Bhuyang ||40||	Today or tomorrow, you will have to leave it behind, like the snake shedding its skin. ||40||	ਇਹ ਸਰੀਰ ਭੀ ਥੋਹੜੇ ਦਿਨਾਂ ਵਿਚ ਹੀ ਛੱਡ ਜਾਉਗੇ ਜਿਵੇਂ ਸੱਪ ਕੁੰਜ ਲਾਹ ਦੇਂਦਾ ਹੈ (ਜਿੰਦ ਤੇ ਸਰੀਰ ਦਾ ਭੀ ਪੱਕਾ ਸਦਾ-ਨਿਭਵਾਂ ਸਾਥ ਨਹੀਂ ਹੈ) ॥੪੦॥

58347	1366	ਕਬੀਰ ਲੂਟਨਾ ਹੈ ਤ ਲੂਟਿ ਲੈ ਰਾਮ ਨਾਮ ਹੈ ਲੂਟਿ॥		Kabeer Loottanaa Hai Th Loott Lai Raam Naam Hai Loott ||	Kabeer, if you must rob and plunder, then plunder the plunder of the Lord's Name.	ਹੇ ਕਬੀਰ! ('ਦੁਨੀਆ' ਦੀ ਖ਼ਾਤਰ ਕੀਹ ਭਟਕ ਰਿਹਾ ਹੈਂ? ਵੇਖ) ਪਰਮਾਤਮਾ ਦਾ ਨਾਮ ਦਬਾ-ਦਬ ਵੰਡਿਆ ਜਾ ਰਿਹਾ ਹੈ, ਜੇ ਇਕੱਠਾ ਕਰਨਾ ਹੈ ਤਾਂ ਇਹ ਨਾਮ-ਧਨ ਇਕੱਠਾ ਕਰ।
58348	1366	ਫਿਰਿ ਪਾਛੈ ਪਛੁਤਾਹੁਗੇ ਪ੍ਰਾਨ ਜਾਹਿੰਗੇ ਛੂਟਿ॥੪੧॥		Fir Paashhai Pashhuthaahugae Praan Jaahingae Shhoott ||41||	Otherwise, in the world hereafter, you will regret and repent, when the breath of life leaves the body. ||41||	ਜਦੋਂ ਜਿੰਦ (ਸਰੀਰ ਵਿਚੋਂ) ਨਿਕਲ ਗਈ, ਸਮਾਂ ਵਿਹਾ ਜਾਣ ਤੇ ਅਫ਼ਸੋਸ ਕਰਨਾ ਪਏਗਾ ॥੪੧॥
58349	1366	ਕਬੀਰ ਐਸਾ ਕੋਈ ਨ ਜਨਮਿਓ ਅਪਨੈ ਘਰਿ ਲਾਵੈ ਆਗਿ॥		Kabeer Aisaa Koee N Janamiou Apanai Ghar Laavai Aag ||	Kabeer, there is no one born, who burns his own home,	(ਪਰ ਨਾਮ ਧਨ ਇਕੱਠਾ ਕਰਨ ਲਈ ਜ਼ਰੂਰੀ ਹੈ ਕਿ ਮਨੁੱਖ ਅਪਣੱਤ ਨੂੰ ਪਹਿਲਾਂ ਖ਼ਤਮ ਕਰੇ, ਤੇ) ਹੇ ਕਬੀਰ! (ਜਗਤ ਵਿਚ) ਅਜਿਹਾ ਕੋਈ ਵਿਰਲਾ ਹੀ ਮਿਲਦਾ ਹੈ ਜੋ ਆਪਣੇ ਸਰੀਰਕ ਮੋਹ ਨੂੰ ਸਾੜਦਾ ਹੈ,
58350	1366	ਪਾਂਚਉ ਲਰਿਕਾ ਜਾਰਿ ਕੈ ਰਹੈ ਰਾਮ ਲਿਵ ਲਾਗਿ॥੪੨॥		Paancho Larikaa Jaar Kai Rehai Raam Liv Laag ||42||	And burning his five sons, remains lovingly attuned to the Lord. ||42||	ਤੇ, ਕਾਮਾਦਿਕ ਮਾਇਆ ਦੇ ਪੰਜਾਂ ਹੀ ਪੁੱਤ੍ਰਾਂ ਨੂੰ ਸਾੜ ਕੇ ਪਰਮਾਤਮਾ (ਦੀ ਯਾਦ) ਵਿਚ ਸੁਰਤ ਜੋੜੀ ਰੱਖਦਾ ਹੈ ॥੪੨॥

58351	1366	ਕੋ ਹੈ ਲਰਿਕਾ ਬੇਚਈ ਲਰਿਕੀ ਬੇਚੈ ਕੋਇ॥		Ko Hai Larikaa Baechee Larikee Baechai Koe ||	Kabeer, how rare are those who sell their son and sell their daughter	ਕੋਈ ਵਿਰਲਾ ਹੀ ਹੁੰਦਾ ਹੈ ਜੋ ਪਰਮਾਤਮਾ ਨਾਲ (ਉਸ ਦੇ ਨਾਮ ਦਾ) ਵਣਜ ਕਰਦਾ ਹੈ, ਜੋ (ਨਾਮ ਧਨ ਖ਼ਰੀਦਣ ਲਈ ਕਾਮਾਦਿਕ ਮਾਇਆ ਦੇ ਪੰਜ) ਪੁੱਤ੍ਰ ਅਤੇ (ਆਸ਼ਾ ਤ੍ਰਿਸ਼ਨਾ ਈਰਖਾ ਆਦਿਕ) ਧੀਆਂ ਵੱਟੇ ਵਿਚ ਦੇਂਦਾ ਹੈ।
58352	1366	ਸਾਝਾ ਕਰੈ ਕਬੀਰ ਸਿਉ ਹਰਿ ਸੰਗਿ ਬਨਜੁ ਕਰੇਇ॥੪੩॥	ਕਰੇ-ਇ	Saajhaa Karai Kabeer Sio Har Sang Banaj Karaee ||43||	And, entering into partnership with Kabeer, deal with the Lord. ||43||	ਕਬੀਰ ਚਾਹੁੰਦਾ ਹੈ ਕਿ ਅਜੇਹਾ ਮਨੁੱਖ (ਇਸ ਵਪਾਰ ਵਿਚ) ਮੇਰੇ ਨਾਲ ਭੀ ਸਤ-ਸੰਗ ਦੀ ਸਾਂਝ ਬਣਾਏ ॥੪੩॥
58353	1366	ਕਬੀਰ ਇਹ ਚੇਤਾਵਨੀ ਮਤ ਸਹਸਾ ਰਹਿ ਜਾਇ॥		Kabeer Eih Chaethaavanee Math Sehasaa Rehi Jaae ||	Kabeer, let me remind you of this. Do not be skeptical or cynical.	ਹੇ ਕਬੀਰ! ਮੈਂ ਤੈਨੂੰ ਚੇਤਾ ਕਰਾਂਦਾ ਹਾਂ, ਮਤਾਂ ਫਿਰ ਗੁਮਰ ਰਹਿ ਜਾਏ;
58354	1366	ਪਾਛੈ ਭੋਗ ਜੁ ਭੋਗਵੇ ਤਿਨ ਕੋ ਗੁੜੁ ਲੈ ਖਾਹਿ॥੪੪॥		Paashhai Bhog J Bhogavae Thin Ko Gurr Lai Khaahi ||44||	Those pleasures which you enjoyed so much in the past - now you must eat their fruits. ||44||	ਜੋ ਭੋਗ ਹੁਣ ਤਾਈਂ ਤੂੰ ਭੋਗੇ ਹਨ (ਮਤਾਂ ਸਮਝੇਂ ਕਿ ਤੂੰ ਬੜੀਆਂ ਮੌਜਾਂ ਮਾਣ ਲਈਆਂ ਹਨ, ਅਸਲ ਵਿਚ) ਇਹਨਾਂ ਦੀ ਪਾਂਇਆਂ ਇਤਨੀ ਕੁ ਹੀ ਹੈ (ਜਿਵੇਂ ਕਿਸੇ ਹੱਟੀ ਤੋਂ ਸੌਦਾ ਲੈ ਕੇ ਝੂੰਗੇ ਵਜੋਂ) ਰਤਾ ਕੁ ਗੁੜ ਲੈ ਕੇ ਖਾ ਲਏਂ ॥੪੪॥

58355	1366	ਕਬੀਰ ਮੈ ਜਾਨਿਓ ਪੜਿਬੋ ਭਲੋ ਪੜਿਬੇ ਸਿਉ ਭਲ ਜੋਗੁ॥	ਬ੍ਰਹਮ ਸਰੂਪ ਭਗਤ ਕਬੀਰ ਸਾਹਿਬ ਜੀ ਫ਼ੁਰਮਾਉਂਦੇ ਹਨ:- (ਮੈ)ਦਾਸਨ ਦਾਸ ਨੇ ਇਹ ਨਿਸਚੇ ਕਰਕੇ (ਜਾਨਿਓ)ਜਾਣਿਆਂ ਹੈ ਕਿ ਗੁਰਮੁਖੀ ਬ੍ਰਹਮਵਿੱਦਿਆ ਦਾ (ਪੜਿਬੋ)ਪੜ੍ਹਨਾ (ਭਲੋ)ਚੰਗਾ ਹੈ, ਕਿਉਂ ਜੋ ਗੁਰਮੁਖੀ ਬ੍ਰਹਮਵਿੱਦਿਆ ਪੜ੍ਹ ਕੇ, ਗੁਰਬਾਣੀ ਗੁਰ ਇਤਿਹਾਸ ਧਰਮ ਹਿਤ ਸੇਵਾ ਸਿਮਰਨ ਕੁਰਬਾਨੀ ਕਰਨ ਵਾਲੇ ਮਹਾਂਪੁਰਸ਼ਾਂ ਦੇ ਪਰਉਪਕਾਰ ਗੁਰੂ ਪ੍ਰੇਮਾ-ਭਗਤੀ (ਪੜਿਬੇ)ਪੜ੍ਹਨ (ਸਿਉ)ਨਾਲ, ਪ੍ਰੇਮਾ-ਭਗਤੀ ਕਰਕੇ ਵਾਹਿਗੁਰੂ ਜੀ ਚ (ਭਲ)ਭਲੀ ਪ੍ਰਕਾਰ (ਜੋਗੁ)ਜੁੜਨਾ ਹੁੰਦਾ ਹੈ। ਇਸ ਲਈ ਹੇ ਪਿਆਰਿਓ!	Kabeer Mai Jaaniou Parribo Bhalo Parribae Sio Bhal Jog ||	Kabeer, at first, I thought learning was good; then I thought Yoga was better.	ਹੇ ਕਬੀਰ! (ਇਥੇ ਕਾਸ਼ੀ ਵਿਚ ਉੱਚੀਆਂ ਜਾਤਾਂ ਵਾਲਿਆਂ ਨੂੰ ਵੇਦ ਸ਼ਾਸਤ੍ਰ ਆਦਿਕ ਪੜ੍ਹਦਿਆਂ ਵੇਖ ਕੇ) ਮੈਂ ਸਮਝਿਆ ਸੀ ਕਿ ਵਿੱਦਿਆ ਪੜ੍ਹਨੀ ਮਨੁੱਖਾ ਜਨਮ ਦਾ ਸਭ ਤੋਂ ਚੰਗਾ ਕੰਮ ਹੋਵੇਗਾ, ਪਰ (ਇਹਨਾਂ ਲੋਕਾਂ ਦੇ ਨਿਰੇ ਵਾਦ ਵਿਵਾਦ ਵੇਖ ਕੇ ਮੈਨੂੰ ਯਕੀਨ ਆ ਗਿਆ ਹੈ ਕਿ ਅਜੇਹੀ ਵਿੱਦਿਆ) ਪੜ੍ਹਨ ਨਾਲੋਂ ਪ੍ਰਭੂ-ਚਰਨਾਂ ਵਿਚ ਜੁੜਨਾ (ਮਨੁੱਖ ਲਈ) ਭਲਾ ਹੈ।

58356	1366	ਭਗਤਿ ਨ ਛਾਡਉ ਰਾਮ ਕੀ ਭਾਵੈ ਨਿੰਦਉ ਲੋਗੁ॥੪੫॥		Bhagath N Shhaaddo Raam Kee Bhaavai Nindho Log ||45||	I shall never abandon devotional worship of the Lord, even though people may slander me. ||45||	(ਸੋ, ਇਸ ਗੱਲੋਂ) ਜਗਤ ਬੇ-ਸ਼ੱਕ ਮੈਨੂੰ ਮਾੜਾ ਪਿਆ ਆਖੇ ਮੈਂ (ਵਿੱਦਿਆ ਦੇ ਵੱਟੇ ਭੀ) ਪਰਮਾਤਮਾ ਦੀ ਭਗਤੀ ਨਹੀਂ ਛੱਡਾਂਗਾ ॥੪੫॥
58357	1366	ਕਬੀਰ ਲੋਗੁ ਕਿ ਨਿੰਦੈ ਬਪੁੜਾ ਜਿਹ ਮਨਿ ਨਾਹੀ ਗਿਆਨੁ॥		Kabeer Log K Nindhai Bapurraa Jih Man Naahee Giaan ||	Kabeer, how can the wretched people slander me? They have no wisdom or intelligence.	ਹੇ ਕਬੀਰ! ਜਿਸ ਮਨੁੱਖ ਦੇ ਅੰਦਰ (ਇਹ) ਸੂਝ ਨਹੀਂ ਹੈ (ਕਿ ਵਿੱਦਿਆ ਦੇ ਟਾਕਰੇ ਤੇ ਪ੍ਰਭੂ ਦੀ ਭਗਤੀ ਕਿਤਨੀ ਵਡ-ਮੁੱਲੀ ਦਾਤ ਹੈ, ਉਹ ਮਨੁੱਖ ਜੇ ਮੇਰੀ ਇਸ ਚੋਣ ਤੇ ਮੈਨੂੰ ਮਾੜਾ ਆਖੇ) ਤਾਂ ਉਸ ਮਨੁੱਖ ਦੇ ਇਹ ਨਿੰਦਾ ਕਰਨ ਦਾ ਕੋਈ ਅਰਥ ਨਹੀਂ ਹੈ।
58358	1366	ਰਾਮ ਕਬੀਰਾ ਰਵਿ ਰਹੇ ਅਵਰ ਤਜੇ ਸਭ ਕਾਮ॥੪੬॥		Raam Kabeeraa Rav Rehae Avar Thajae Sabh Kaam ||46||	Kabeer continues to dwell upon the Lord's Name; I have abandoned all other affairs. ||46||	ਸੋ, ਕਬੀਰ (ਅਜੇਹੇ ਬੰਦਿਆਂ ਦੀ ਇਸ ਦੰਦ-ਕਥਾ ਦੀ ਪਰਵਾਹ ਨਹੀਂ ਕਰਦਾ, ਤੇ) ਪਰਮਾਤਮਾ ਦਾ ਸਿਮਰਨ ਕਰ ਰਿਹਾ ਹੈ, ਅਤੇ ਹੋਰ ਸਾਰੇ (ਕੰਮਾਂ ਦੇ) ਮੋਹ ਦਾ ਤਿਆਗ ਕਰ ਰਿਹਾ ਹੈ ॥੪੬॥
58359	1366	ਕਬੀਰ ਪਰਦੇਸੀ ਕੈ ਘਾਘਰੈ ਚਹੁ ਦਿਸਿ ਲਾਗੀ ਆਗਿ॥	(ਘਾਘਰੈ) ਘੇਰੇਦਾਰ ਚੋਲੇ	Kabeer Paradhaesee Kai Ghaagharai Chahu Dhis Laagee Aag ||	Kabeer, the robe of the stranger-soul has caught fire on all four sides.	ਇਸ ਪਰਦੇਸੀ ਜੀਵ ਦੇ ਗਿਆਨ-ਇੰਦ੍ਰਿਆਂ ਨੂੰ ਹਰ ਪਾਸੇ ਵਲੋਂ ਵਿਕਾਰਾਂ ਦੀ ਅੱਗ ਲੱਗੀ ਹੋਈ ਹੈ,

58360	1366	ਖਿੰਥਾ ਜਲਿ ਕੋਇਲਾ ਭਈ ਤਾਗੇ ਆਂਚ ਨ ਲਾਗ॥੪੭॥		Khinthhaa Jal Koeilaa Bhee Thaagae Aanch N Laag ||47||	The cloth of the body has been burnt and reduced to charcoal, but the fire did not touch the thread of the soul. ||47||	(ਜੋ ਪਰਦੇਸੀ ਜੋਗੀ ਬੇ-ਪਰਵਾਹ ਹੋ ਕੇ ਇਸ ਅੱਗ ਦਾ ਨਿੱਘ ਮਾਣਦਾ ਰਿਹਾ, ਉਸ ਦੀ) ਸਰੀਰ-ਗੋਦੜੀ (ਵਿਕਾਰਾਂ ਦੀ ਅੱਗ ਵਿਚ) ਸੜ ਕੇ ਕੋਲੇ ਹੋ ਗਈ, (ਪਰ ਜਿਸ ਪਰਦੇਸੀ ਜੋਗੀ ਨੇ ਇਸ ਗੋਦੜੀ ਦੇ ਧਾਗੇ ਦਾ, ਇਸ ਸਰੀਰ ਵਿਚ ਵੱਸਦੀ ਜਿੰਦ ਦਾ, ਖ਼ਿਆਲ ਰੱਖਿਆ ਤੇ ਵਿਕਾਰ-ਅਗਨੀ ਦੇ ਨਿੱਘ ਦਾ ਸੁਆਦ ਮਾਣਨ ਤੋਂ ਸੰਕੋਚ ਕੀਤੀ ਰੱਖਿਆ, ਉਸ ਦੀ) ਆਤਮਾ ਨੂੰ (ਇਹਨਾਂ ਵਿਕਾਰਾਂ ਦੀ ਅੱਗ ਦਾ) ਸੇਕ ਭੀ ਨਾਹ ਲੱਗਾ (ਭਾਵ, ਉਹ ਇਸ ਬਲਦੀ ਅੱਗ ਵਿਚੋਂ ਬਚ ਗਿਆ) ॥੪੭॥
58361	1366	ਕਬੀਰ ਖਿੰਥਾ ਜਲਿ ਕੋਇਲਾ ਭਈ ਖਾਪਰੁ ਫੂਟ ਮਫੂਟ॥	(ਖਿੰਥਾ) ਖ਼ਫ਼ਣੀ, ਖੱਪਰਾ (ਫੁਟ) ਫੁੱਟ ਗਿਆ। ਜਿਸ ਨੂੰ ਫੁੱਟਣ ਤੋਂ (ਮਫੂਟ) ਰਹਿਤ ਸਮਝਦਾ ਸੈਂ	Kabeer Khinthhaa Jal Koeilaa Bhee Khaapar Foott Mafoott ||	Kabeer, the cloth has been burnt and reduced to charcoal, and the begging bowl is shattered into pieces.	ਹੇ ਕਬੀਰ! (ਵਿਕਾਰਾਂ ਦੀ ਅੱਗ ਵਿਚ ਪੈ ਕੇ ਜਿਸ ਬਦ-ਨਸੀਬ ਜੀਵ-ਜੋਗੀ ਦੀ) ਸਰੀਰ-ਗੋਦੜੀ ਸੜ ਕੇ ਕੋਲਾ ਹੋ ਗਈ ਤੇ (ਜਿਸ ਦਾ) ਮਨ-ਖੱਪਰ ਦਰ ਦਰ ਤੋਂ ਵਾਸਨਾਂ ਦੀ ਭਿੱਛਿਆ ਹੀ ਇਕੱਠੀ ਕਰਦਾ ਰਿਹਾ,

58362	1366	ਜੋਗੀ ਬਪੁੜਾ ਖੇਲਿਓ ਆਸਨਿ ਰਹੀ ਬਿਭੂਤਿ॥੪੮॥		Jogee Bapurraa Khaeliou Aasan Rehee Bibhooth ||48||	The poor Yogi has played out his game; only ashes remain on his seat. ||48||	(ਉਹ) ਮੰਦ-ਭਾਗੀ ਜੀਵ-ਜੋਗੀ ਮਨੁੱਖਾ ਜਨਮ ਦੀ ਖੇਡ ਉਜਾੜ ਕੇ ਹੀ ਜਾਂਦਾ ਹੈ, ਉਸ ਦੇ ਪੱਲੇ ਖੇਹ-ਖੁਆਰੀ ਹੀ ਪੈਂਦੀ ਹੈ ॥੪੮॥
58363	1367	ਕਬੀਰ ਥੋਰੈ ਜਲਿ ਮਾਛੁਲੀ ਝੀਵਰਿ ਮੇਲਿਓ ਜਾਲੁ॥		Kabeer Thhorai Jal Maashhulee Jheevar Maeliou Jaal ||	Kabeer, the fish is in the shallow water; the fisherman has cast his net.	ਹੇ ਕਬੀਰ! ਥੋੜ੍ਹੇ ਪਾਣੀ ਵਿਚ ਮੱਛੀ ਰਹਿੰਦੀ ਹੋਵੇ, ਤਾਂ ਝੀਊਰ ਆ ਕੇ ਜਾਲ ਪਾ ਲੈਂਦਾ ਹੈ (ਤਿਵੇਂ ਜੇ ਜੀਵ ਦੁਨਿਆਵੀ ਭੋਗ ਵਿੱਦਿਆ ਧਨ ਆਦਿਕ ਨੂੰ ਆਪਣੇ ਜੀਵਨ ਦਾ ਆਸਰਾ ਬਣਾ ਲਏ ਤਾਂ ਮਾਇਆ ਦੇ 'ਪਾਂਚਉ ਲਰਿਕਾ' ਅਸਾਨੀ ਨਾਲ ਹੀ ਗ੍ਰਸ ਲੈਂਦੇ ਹਨ)।
58364	1367	ਇਹ ਟੋਘਨੈ ਨ ਛੂਟਸਹਿ ਫਿਰਿ ਕਰਿ ਸਮੁੰਦੁ ਸਮ੍ਹਾਲਿ॥੪੯॥	ਔਗੁਣ ਪਾਪ ਕੁਸੰਗਤ ਰੂਪ (ਟੋਘਨੈ) ਟੋਏ। (ਸਮੁੰਦੁ) ਅਕਾਲ ਪੁਰਖ ਜੀ ਨੂੰ (ਸਮ੍ਹਾਲਿ) ਯਾਦ ਕਰ	Eih Ttoghanai N Shhoottasehi Fir Kar Samundh Samhaal ||49||	You shall not escape this little pool; think about returning to the ocean. ||49||	ਹੇ ਮੱਛੀ! ਇਸ ਟੋਏ ਵਿਚ ਰਹਿ ਕੇ ਤੂੰ ਝੀਊਰ ਦੇ ਜਾਲ ਤੋਂ ਬਚ ਨਹੀਂ ਸਕਦੀ, ਜੇ ਬਚਣਾ ਹੈ ਤਾਂ ਸਮੁੰਦਰ ਲੱਭ (ਹੇ ਜਿੰਦੇ! ਇਹਨਾਂ ਭੋਗ-ਪਦਾਰਥਾਂ ਨੂੰ ਆਸਰਾ ਬਣਾਇਆਂ ਤੂੰ ਕਾਮਾਦਿਕ ਦੀ ਮਾਰ ਤੋਂ ਬਚ ਨਹੀਂ ਸਕਦੀ; ਇਹ ਹੋਛੇ ਆਸਰੇ ਛੱਡ, ਤੇ ਪਰਮਾਤਮਾ ਨੂੰ ਲੱਭ) ॥੪੯॥
58365	1367	ਕਬੀਰ ਸਮੁੰਦੁ ਨ ਛੋਡੀਐ ਜਉ ਅਤਿ ਖਾਰੋ ਹੋਇ॥		Kabeer Samundh N Shhoddeeai Jo Ath Khaaro Hoe ||	Kabeer, do not leave the ocean, even if it is very salty.	ਹੇ ਕਬੀਰ! ਸਮੁੰਦਰ ਨਾਹ ਛੱਡੀਏ, ਚਾਹੇ (ਉਸ ਦਾ ਪਾਣੀ) ਬੜਾ ਹੀ ਖਾਰਾ ਹੋਵੇ;

58366	1367	ਪੋਖਰਿ ਪੋਖਰਿ ਢੂਢਤੇ ਭਲੋ ਨ ਕਹਿਹੈ ਕੋਇ॥੫੦॥		Pokhar Pokhar Dtoodtathae Bhalo N Kehihai Koe ||50||	If you poke around searching from puddle to puddle, no one will call you smart. ||50||	ਨਿੱਕੇ ਨਿੱਕੇ ਛੱਪੜਾਂ ਵਿਚ (ਜਿੰਦ ਦਾ ਆਸਰਾ) ਢੂੰਢਿਆਂ-ਕੋਈ ਨਹੀਂ ਆਖਦਾ ਕਿ ਇਹ ਕੰਮ ਚੰਗਾ ਹੈ ॥੫੦॥
58367	1367	ਕਬੀਰ ਨਿਗੁਸਾਂਏਂ ਬਹਿ ਗਏ ਥਾਂਘੀ ਨਾਹੀ ਕੋਇ॥	(ਨਿ-ਗੁਸਾਏਂ) ਨਿਗੁਰੇ। ਸੰਸਾਰ ਸਮੁੰਦ੍ਰ ਚ (ਬਹਿ) ਰੁੜ੍ਹ ਗਏ। ਔਗੁਣ ਪਾਪ ਕੁਸੰਗਤ ਜੰਮਣ ਮਰਣ ਤੋਂ (ਥਾਂਘੀ) ਰੋਕਣ ਵਾਲਾ	Kabeer Nigusaaneaen Behi Geae Thhaanghee Naahee Koe ||	Kabeer, those who have no guru are washed away. No one can help them.	ਹੇ ਕਬੀਰ! (ਇਹ ਸੰਸਾਰ, ਮਾਨੋ ਸਮੁੰਦਰ ਹੈ, ਜਿਸ ਵਿਚੋਂ ਦੀ ਜੀਵਾਂ ਦੇ ਜ਼ਿੰਦਗੀ ਦੇ ਬੇੜੇ ਤਰ ਕੇ ਲੰਘ ਰਹੇ ਹਨ, ਪਰ) ਜੋ ਬੇੜੇ ਨਿ-ਖਸਮੇ ਹੁੰਦੇ ਹਨ ਜਿਨ੍ਹਾਂ ਉਤੇ ਕੋਈ ਗੁਰੂ-ਮਲਾਹ ਨਹੀਂ ਹੁੰਦਾ ਉਹ ਡੁੱਬ ਜਾਂਦੇ ਹਨ।
58368	1367	ਦੀਨ ਗਰੀਬੀ ਆਪੁਨੀ ਕਰਤੇ ਹੋਇ ਸੁ ਹੋਇ॥੫੧॥		Dheen Gareebee Aapunee Karathae Hoe S Hoe ||51||	Be meek and humble; whatever happens is what the Creator Lord does. ||51||	ਜਿਨ੍ਹਾਂ ਬੰਦਿਆਂ ਨੇ (ਆਪਣੀ ਸਿਆਣਪ ਛੱਡ ਕੇ) ਨਿਮ੍ਰਤਾ ਤੇ ਗ਼ਰੀਬੀ ਧਾਰ ਕੇ (ਗੁਰੂ-ਮਲਾਹ ਦਾ ਆਸਰਾ ਲਿਆ ਹੈ, ਉਹ ਸੰਸਾਰ-ਸਮੁੰਦਰ ਦੀਆਂ ਠਿੱਲਾਂ ਵੇਖ ਕੇ) ਜੋ ਹੁੰਦਾ ਹੈ ਉਸ ਨੂੰ ਕਰਤਾਰ ਦੀ ਰਜ਼ਾ ਜਾਣ ਕੇ ਬੇ-ਫ਼ਿਕਰ ਰਹਿੰਦੇ ਹਨ (ਉਹਨਾਂ ਨੂੰ ਆਪਣੇ ਬੇੜੇ ਦੇ ਡੁੱਬਣ ਦਾ ਕੋਈ ਫ਼ਿਕਰ ਨਹੀਂ ਹੁੰਦਾ ਹੈ) ॥੫੧॥

58369	1367	ਕਬੀਰ ਬੈਸਨਉ ਕੀ ਕੂਕਰਿ ਭਲੀ ਸਾਕਤ ਕੀ ਬੁਰੀ ਮਾਇ॥		Kabeer Baisano Kee Kookar Bhalee Saakath Kee Buree Maae ||	Kabeer, even the dog of a devotee is good, while the mother of the faithless cynic is bad.	ਹੇ ਕਬੀਰ! (ਕਿਸੇ) ਭਗਤ ਦੀ ਕੁੱਤੀ ਭੀ ਭਾਗਾਂ ਵਾਲੀ ਜਾਣ, ਪਰ ਰੱਬ ਤੋਂ ਟੁੱਟੇ ਹੋਏ ਬੰਦੇ ਦੀ ਮਾਂ ਭੀ ਮੰਦ-ਭਾਗਣ ਹੈ;
58370	1367	ਓਹ ਨਿਤ ਸੁਨੈ ਹਰਿ ਨਾਮ ਜਸੁ ਉਹ ਪਾਪ ਬਿਸਾਹਨ ਜਾਇ॥੫੨॥		Ouh Nith Sunai Har Naam Jas Ouh Paap Bisaahan Jaae ||52||	The dog hears the Praises of the Lord's Name, while the other is engaged in sin. ||52||	ਕਿਉਂਕਿ ਉਹ ਭਗਤ ਸਦਾ ਹਰਿ-ਨਾਮ ਦੀ ਵਡਿਆਈ ਕਰਦਾ ਹੈ ਉਸ ਦੀ ਸੰਗਤ ਵਿਚ ਰਹਿ ਕੇ ਉਹ ਕੁੱਤੀ ਭੀ ਸੁਣਦੀ ਹੈ, (ਸਾਕਤ ਨਿਤ ਪਾਪ ਕਮਾਂਦਾ ਹੈ, ਉਸ ਦੇ ਕੁਸੰਗ ਵਿਚ) ਉਸ ਦੀ ਮਾਂ ਭੀ ਪਾਪਾਂ ਦੀ ਭਾਗਣ ਬਣਦੀ ਹੈ ॥੫੨॥

58371	1367	ਕਬੀਰ ਹਰਨਾ ਦੂਬਲਾ ਇਹੁ ਹਰੀਆਰਾ ਤਾਲੁ॥	ਜਿਵੇਂ ਕੱਚਾ ਤਾਲ਼ੁ ਹਰੇ ਬੂਰ ਨਾਲ਼ ਹਰਾ ਹੋਵੇ, ਹਰਨ ਭੁਲੇਖੇ ਨਾਲ ਹਰੀ ਅੰਗੂਰੀ ਸਮਝ ਕੇ ਚਰਨ ਲਈ ਪ੍ਰਵੇਸ਼ ਕਰ ਜਾਵੇ, ਹਰਨ ਧੋਖੇ ਚ ਹੈ।ਸ੍ਰੋਵਰ ਦੇ ਦੁਆਲ਼ੇ ਲੱਖਾਂ ਸ਼ਿਕਾਰੀ, ਮਾਰਨ ਲਈ ਤਿਆਰ ਹੋਣ। (ਦੂਬਲਾ) ਕਮਜ਼ੋਰ। ਵਿਸ਼ੇ ਸੁਖ ਰੂਪ (ਹਰੀ-ਆਰਾ) ਹਰਾ ਸੰਸਾਰ ਰੂਪੀ ਤਾਲ਼ੁ ਤਲਾਬ ਹੈ।	Kabeer Haranaa Dhoobalaa Eihu Hareeaaraa Thaal ||	Kabeer, the deer is weak, and the pool is lush with green vegetation.	ਹੇ ਕਬੀਰ! ਇਹ ਜਗਤ ਇਕ ਐਸਾ ਸਰੋਵਰ ਹੈ ਜਿਸ ਵਿਚ ਬੇਅੰਤ ਮਾਇਕ ਭੋਗਾਂ ਦੀ ਹਰਿਆਵਲ ਹੈ, ਮੇਰੀ ਇਹ ਜਿੰਦ-ਰੂਪ ਹਰਨ ਕਮਜ਼ੋਰ ਹੈ (ਇਸ ਹਰਿਆਵਲ ਵਲ ਜਾਣ ਤੋਂ ਰਹਿ ਨਹੀਂ ਸਕਦਾ)।
58372	1367	ਲਾਖ ਅਹੇਰੀ ਏਕੁ ਜੀਉ ਕੇਤਾ ਬੰਚਉ ਕਾਲੁ॥੫੩॥		Laakh Ahaeree Eaek Jeeo Kaethaa Bancho Kaal ||53||	Thousands of hunters are chasing after the soul; how long can it escape death? ||53||	ਮੇਰੀ ਜਿੰਦ ਇੱਕ-ਇਕੱਲੀ ਹੈ, (ਇਸ ਨੂੰ ਫਸਾਣ ਲਈ ਮਾਇਕ ਭੋਗ) ਲੱਖਾਂ ਸ਼ਿਕਾਰੀ ਹਨ, (ਇਹਨਾਂ ਦੀ ਮਾਰ ਤੋਂ ਆਪਣੇ ਉੱਦਮ ਨਾਲ) ਮੈਂ ਬਹੁਤਾ ਚਿਰ ਬਚ ਨਹੀਂ ਸਕਦਾ ॥੫੩॥
58373	1367	ਕਬੀਰ ਗੰਗਾ ਤੀਰ ਜੁ ਘਰੁ ਕਰਹਿ ਪੀਵਹਿ ਨਿਰਮਲ ਨੀਰੁ॥		Kabeer Gangaa Theer J Ghar Karehi Peevehi Niramal Neer ||	Kabeer, some make their homes on the banks of the Ganges, and drink pure water.	ਹੇ ਕਬੀਰ! ਜੇ ਤੂੰ ਗੰਗਾ ਦੇ ਕੰਢੇ ਉਤੇ (ਰਹਿਣ ਲਈ) ਆਪਣਾ ਘਰ ਬਣਾ ਲਏਂ, ਤੇ (ਗੰਗਾ ਦਾ) ਸਾਫ਼ ਪਾਣੀ ਪੀਂਦਾ ਰਹੇਂ,

58374	1367	ਬਿਨੁ ਹਰਿ ਭਗਤਿ ਨ ਮੁਕਤਿ ਹੋਇ ਇਉ ਕਹਿ ਰਮੇ ਕਬੀਰ॥੫੪॥		Bin Har Bhagath N Mukath Hoe Eio Kehi Ramae Kabeer ||54||	Without devotional worship of the Lord, they are not liberated. Kabeer proclaims this. ||54||	ਤਾਂ ਭੀ ਪਰਮਾਤਮਾ ਦੀ ਭਗਤੀ ਕਰਨ ਤੋਂ ਬਿਨਾ ('ਲਾਖ ਅਹੇਰੀ' ਆਦਿਕ ਵਿਕਾਰਾਂ ਤੋਂ) ਖ਼ਲਾਸੀ ਨਹੀਂ ਹੋ ਸਕਦੀ। ਕਬੀਰ ਤਾਂ ਇਹ ਗੱਲ ਦੱਸ ਕੇ ਪਰਮਾਤਮਾ ਦਾ ਨਾਮ ਹੀ ਸਿਮਰਦਾ ਹੈ ॥੫੪॥
58375	1367	ਕਬੀਰ ਮਨੁ ਨਿਰਮਲੁ ਭਇਆ ਜੈਸਾ ਗੰਗਾ ਨੀਰੁ॥		Kabeer Man Niramal Bhaeiaa Jaisaa Gangaa Neer ||	Kabeer, my mind has become immaculate, like the waters of the Ganges.	ਹੇ ਕਬੀਰ! (ਗੰਗਾ ਆਦਿਕ ਤੀਰਥਾਂ ਦੇ ਸਾਫ਼ ਜਲ ਦੇ ਕੰਢੇ ਰਿਹੈਸ਼ ਰੱਖਿਆਂ ਤਾਂ ਕਾਮਾਦਿਕ ਵਿਕਾਰ ਖ਼ਲਾਸੀ ਨਹੀਂ ਕਰਦੇ, ਤੇ ਨਾਹ ਹੀ ਮਨ ਪਵਿਤ੍ਰ ਹੋ ਸਕਦਾ ਹੈ, ਪਰ) ਜਦੋਂ (ਪਰਮਾਤਮਾ ਦੇ ਨਾਮ ਦਾ ਸਿਮਰਨ ਕੀਤਿਆਂ) ਮੇਰਾ ਮਨ ਗੰਗਾ ਦੇ ਸਾਫ਼ ਪਾਣੀ ਵਰਗਾ ਪਵਿੱਤ੍ਰ ਹੋ ਗਿਆ,
58376	1367	ਪਾਛੈ ਲਾਗੋ ਹਰਿ ਫਿਰੈ ਕਹਤ ਕਬੀਰ ਕਬੀਰ॥੫੫॥		Paashhai Laago Har Firai Kehath Kabeer Kabeer ||55||	The Lord follows after me, calling, ""Kabeer! Kabeer!""||55||	ਤਾਂ ਪਰਮਾਤਮਾ ਮੈਨੂੰ ਕਬੀਰ ਕਬੀਰ ਆਖ ਕੇ ('ਵਾਜਾਂ ਮਾਰਦਾ) ਮੇਰੇ ਪਿੱਛੇ ਤੁਰਿਆ ਫਿਰੇਗਾ ॥੫੫॥

58377	1367	ਕਬੀਰ ਹਰਦੀ ਪੀਅਰੀ ਚੂੰਨਾਂ ਊਜਲ ਭਾਇ॥		Kabeer Haradhee Peearee Choonnaan Oojal Bhaae ||	Kabeer, tumeric is yelow, and lime is white.	ਹੇ ਕਬੀਰ! ਹਲਦੀ ਪੀਲੇ ਰੰਗ ਦੀ ਹੁੰਦੀ ਹੈ, ਚੂਨਾ ਸਫ਼ੈਦ ਹੁੰਦਾ ਹੈ (ਪਰ ਜਦੋਂ ਇਹ ਦੋਵੇਂ ਮਿਲਦੇ ਹਨ ਤਾਂ ਦੋਹਾਂ ਦਾ ਰੰਗ ਦੂਰ ਹੋ ਜਾਂਦਾ ਹੈ, ਤੇ ਲਾਲ ਰੰਗ ਪੈਦਾ ਹੋ ਜਾਂਦਾ ਹੈ; ਇਸੇ ਤਰ੍ਹਾਂ)
58378	1367	ਰਾਮ ਸਨੇਹੀ ਤਉ ਮਿਲੈ ਦੋਨਉ ਬਰਨ ਗਵਾਇ॥੫੬॥		Raam Sanaehee Tho Milai Dhono Baran Gavaae ||56||	You shall meet the Beloved Lord, only when both colors are lost. ||56||	ਪਰਮਾਤਮਾ ਨਾਲ ਪਿਆਰ ਕਰਨ ਵਾਲਾ ਮਨੁੱਖ ਪਰਮਾਤਮਾ ਨੂੰ ਤਦੋਂ ਮਿਲਿਆ ਸਮਝੋ, ਜਦੋਂ ਮਨੁੱਖ ਉੱਚੀ ਨੀਵੀਂ ਦੋਵੇਂ ਜਾਤੀਆਂ (ਦਾ ਵਿਤਕਰਾ) ਮਿਟਾ ਦੇਂਦਾ ਹੈ, (ਤੇ ਉਸ ਦੇ ਅੰਦਰ ਸਭ ਜੀਵਾਂ ਵਿਚ ਇੱਕ ਪ੍ਰਭੂ ਦੀ ਜੋਤਿ ਹੀ ਵੇਖਣ ਦੀ ਸੂਝ ਪੈਦਾ ਹੋ ਜਾਂਦੀ ਹੈ) ॥੫੬॥
58379	1367	ਕਬੀਰ ਹਰਦੀ ਪੀਰਤਨੁ ਹਰੈ ਚੂਨ ਚਿਹਨੁ ਨ ਰਹਾਇ॥	ਔਗੁਣ ਪਾਪ ਕੁਸੰਗਤ ਦੀ ਰੰਗਤ ਰੂਪ ਹਲਦੀ ਦੀ, ਪਾਪ ਕਮਾਉਣ ਰੂਪ ਪੀਰਤਨੁ ਪੀਲਾ ਪੁਣਾ, ਨਿਸ਼ਕਾਮ ਕਰਮ ਰੂਪ ਚਿੱਟੇ ਚੂਨ ਆਟੇ ਦਾ ਹੰਕਾਰ ਰੂਪ ਚਿੱਟਾਪੁਣਾ। ਪੀ-ਰੱਤਨੁ	Kabeer Haradhee Peerathan Harai Choon Chihan N Rehaae ||	Kabeer, tumeric has lost its yellow color, and no trace of lime's whiteness remains.	ਹੇ ਕਬੀਰ! (ਜਦੋਂ ਹਲਦੀ ਤੇ ਚੂਨਾ ਮਿਲਦੇ ਹਨ ਤਾਂ) ਹਲਦੀ ਆਪਣਾ ਪੀਲਾ ਰੰਗ ਛੱਡ ਦੇਂਦੀ ਹੈ, ਚੂਨੇ ਦਾ ਚਿੱਟਾ ਰੰਗ ਨਹੀਂ ਰਹਿੰਦਾ, (ਇਸੇ ਤਰ੍ਹਾਂ ਸਿਮਰਨ ਦੀ ਬਰਕਤਿ ਨਾਲ ਨੀਵੀਂ ਜਾਤਿ ਵਾਲੇ ਮਨੁੱਖ ਦੇ ਅੰਦਰੋਂ ਨੀਵੀਂ ਜਾਤਿ ਵਾਲੀ ਢਹਿੰਦੀ ਕਲਾ ਮਿਟ ਜਾਂਦੀ ਹੈ, ਤੇ ਉੱਚੀ ਜਾਤਿ ਵਾਲੇ ਦੇ ਮਨ ਵਿਚੋਂ ਉੱਚਤਾ ਦਾ ਮਾਣ ਦੂਰ ਹੁੰਦਾ ਹੈ)।

58380	1367	ਬਲਿਹਾਰੀ ਇਹ ਪ੍ਰੀਤਿ ਕਉ ਜਿਹ ਜਾਤਿ ਬਰਨੁ ਕੁਲੁ ਜਾਇ॥੫੭॥		Balihaaree Eih Preeth Ko Jih Jaath Baran Kul Jaae ||57||	I am a sacrifice to this love, by which social class and status, color and ancestry are taken away. ||57||	ਮੈਂ ਸਦਕੇ ਹਾਂ ਇਸ ਪ੍ਰਭੂ-ਪ੍ਰੀਤ ਤੋਂ, ਜਿਸ ਦਾ ਸਦਕਾ ਉੱਚੀ ਨੀਵੀਂ ਜਾਤਿ ਵਰਨ ਕੁਲ (ਦਾ ਫ਼ਰਕ) ਮਿਟ ਜਾਂਦਾ ਹੈ ॥੫੭॥
58381	1367	ਕਬੀਰ ਮੁਕਤਿ ਦੁਆਰਾ ਸੰਕੁਰਾ ਰਾਈ ਦਸਏਂ ਭਾਇ॥	(ਸੰਕੁਰਾ) ਭੀੜਾ। ਦਸ-ਏਂ: ਦਸ ਪੋਲਾ ਬੋਲੋ	Kabeer Mukath Dhuaaraa Sankuraa Raaee Dhaseaen Bhaae ||	Kabeer, the door of liberation is very narrow, less than the width of a mustard seed.	ਹੇ ਕਬੀਰ! ਉਹ ਦਰਵਾਜ਼ਾ ਜਿਸ ਵਿਚੋਂ ਦੀ ਲੰਘ ਕੇ 'ਲਾਖ ਅਹੇਰੀ' ਅਤੇ 'ਪਾਂਚਉ ਲਰਿਕਾ' ਤੋਂ ਖ਼ਲਾਸੀ ਹੁੰਦੀ ਹੈ, ਬਹੁਤ ਭੀੜਾ ਹੈ, ਰਾਈ ਦੇ ਦਾਣੇ ਤੋਂ ਭੀ ਦਸਵਾਂ ਹਿੱਸਾ ਸਮਝੋ,
58382	1367	ਮਨੁ ਤਉ ਮੈਗਲੁ ਹੋਇ ਰਹਿਓ ਨਿਕਸੋ ਕਿਉ ਕੈ ਜਾਇ॥੫੮॥		Man Tho Maigal Hoe Rehiou Nikaso Kio Kai Jaae ||58||	Your mind is larger than an elephant; how will it pass through? ||58||	ਪਰ ਜਿਸ ਮਨੁੱਖ ਦਾ ਮਨ ਤੀਰਥ-ਇਸ਼ਨਾਨ ਅਤੇ ਉੱਚੀ ਜਾਤਿ ਵਿਚ ਜਨਮ ਲੈਣ ਦੇ ਅਹੰਕਾਰ ਨਾਲ ਮਸਤ ਹਾਥੀ ਵਰਗਾ ਬਣਿਆ ਪਿਆ ਹੈ, ਉਹ ਇਸ ਦਰਵਾਜ਼ੇ ਵਿਚੋਂ ਦੀ ਨਹੀਂ ਲੰਘ ਸਕਦਾ ॥੫੮॥
58383	1367	ਕਬੀਰ ਐਸਾ ਸਤਿਗੁਰੁ ਜੇ ਮਿਲੈ ਤੁਠਾ ਕਰੇ ਪਸਾਉ॥		Kabeer Aisaa Sathigur Jae Milai Thuthaa Karae Pasaao ||	Kabeer, if I meet such a True Guru, who mercifully blesses me with the gift,	ਹੇ ਕਬੀਰ! ਜੇ ਕੋਈ ਅਜਿਹਾ ਗੁਰੂ ਮਿਲ ਪਏ, ਜੋ ਪ੍ਰਸੰਨ ਹੋ ਕੇ (ਮਨੁੱਖ ਉਤੇ) ਮੇਹਰ ਕਰੇ,

58384	1367	ਮੁਕਤਿ ਦੁਆਰਾ ਮੋਕਲਾ ਸਹਜੇ ਆਵਉ ਜਾਉ॥੫੯॥		Mukath Dhuaaraa Mokalaa Sehajae Aavo Jaao ||59||	Then the door of liberation will open wide for me, and I will easily pass through. ||59||	ਤਾਂ ਉਹ ਦਰਵਾਜ਼ਾ ਜਿਸ ਰਾਹੀਂ ਇਹਨਾਂ ਕਾਮਾਦਿਕਾਂ ਤੋਂ ਖ਼ਲਾਸੀ ਹੋ ਸਕਦੀ ਹੈ, ਖੁੱਲ੍ਹਾ ਹੋ ਜਾਂਦਾ ਹੈ, (ਗੁਰੂ-ਦਰ ਤੋਂ ਮਿਲੀ) ਅਡੋਲ ਅਵਸਥਾ ਵਿਚ ਟਿਕ ਕੇ ਫਿਰ ਬੇ-ਸ਼ੱਕ ਕਿਰਤ-ਕਾਰ ਕਰਦੇ ਫਿਰੋ ॥੫੯॥
58385	1367	ਕਬੀਰ ਨਾ ਮੋਹਿ ਛਾਨਿ ਨ ਛਾਪਰੀ ਨਾ ਮੋਹਿ ਘਰੁ ਨਹੀ ਗਾਉ॥		Kabeer Naa Muohi Shhaan N Shhaaparee Naa Muohi Ghar Nehee Gaao ||	Kabeer, I have no hut or hovel, no house or village.	ਹੇ ਕਬੀਰ! ਮੇਰੇ ਪਾਸ ਨਾਹ ਕੋਈ ਛੰਨ ਨਾਹ ਕੁੱਲੀ; ਨਾਹ ਮੇਰੇ ਪਾਸ ਕੋਈ ਘਰ ਨਾਹ ਗਿਰਾਂ;
58386	1367	ਮਤ ਹਰਿ ਪੂਛੈ ਕਉਨੁ ਹੈ ਮੇਰੇ ਜਾਤਿ ਨ ਨਾਉ॥੬੦॥		Math Har Pooshhai Koun Hai Maerae Jaath N Naao ||60||	I hope that the Lord will not ask who I am. I have no social status or name. ||60||	ਜਿਵੇਂ ਮੇਰੇ ਮਨ ਵਿਚ ਜਾਤਿ ਦਾ ਕੋਈ ਵਿਤਕਰਾ ਨਹੀਂ ਤਿਵੇਂ ਮਲਕੀਅਤ ਦੇ ਨਾਮਣੇ ਦੀ ਕੋਈ ਚਾਹ ਨਹੀਂ (ਜੇ ਜਾਤਿ-ਅਭਿਮਾਨ ਤੇ ਮਾਇਆ ਦੀ ਮਮਤਾ ਛੱਡ ਦੇਈਏ ਤਾਂ) ਸ਼ਾਇਦ ਪਰਮਾਤਮਾ (ਅਸਾਡੀ) ਵਾਤ ਪੁੱਛ ਲਏ ॥੬੦॥
58387	1367	ਕਬੀਰ ਮੁਹਿ ਮਰਨੇ ਕਾ ਚਾਉ ਹੈ ਮਰਉ ਤ ਹਰਿ ਕੈ ਦੁਆਰ॥		Kabeer Muhi Maranae Kaa Chaao Hai Maro Th Har Kai Dhuaar ||	Kabeer, I long to die; let me die at the Lord's Door.	ਹੇ ਕਬੀਰ! ਮੇਰੇ ਅੰਦਰ ਤਾਂਘ ਹੈ ਕਿ ਮੈਂ ਆਪਾ-ਭਾਵ ਮਿਟਾ ਦਿਆਂ, ਮਮਤਾ ਮੁਕਾ ਦਿਆਂ; ਪਰ ਇਹ ਆਪਾ-ਭਾਵ ਤਦੋਂ ਹੀ ਮਿਟ ਸਕਦਾ ਹੈ ਜੇ ਪ੍ਰਭੂ ਦੇ ਦਰ ਤੇ ਡਿੱਗ ਪਈਏ,

58388	1367	ਮਤ ਹਰਿ ਪੂਛੈ ਕਉਨੁ ਹੈ ਪਰਾ ਹਮਾਰੈ ਬਾਰ॥੬੧॥		Math Har Pooshhai Koun Hai Paraa Hamaarai Baar ||61||	I hope that the Lord does not ask, ""Who is this, lying at my door?""||61||	(ਇਸ ਤਰ੍ਹਾਂ ਕੋਈ ਅਜਬ ਗੱਲ ਨਹੀਂ ਕਿ ਮੇਹਰ ਕਰ ਕੇ ਉਹ ਬਖ਼ਸ਼ਿੰਦ) ਪ੍ਰਭੂ ਕਦੇ ਪੁੱਛ ਹੀ ਬਹੇ ਕਿ ਮੇਰੇ ਦਰਵਾਜ਼ੇ ਉਤੇ ਕੌਣ ਡਿੱਗ ਪਿਆ ਹੈ ॥੬੧॥
58389	1367	ਕਬੀਰ ਨਾ ਹਮ ਕੀਆ ਨ ਕਰਹਿਗੇ ਨਾ ਕਰਿ ਸਕੈ ਸਰੀਰੁ॥		Kabeer Naa Ham Keeaa N Karehigae Naa Kar Sakai Sareer ||	Kabeer, I have not done anything; I shall not do anything; my body cannot do anything.	ਹੇ ਕਬੀਰ! ਇਹ ਮੇਰੀ ਹਿੰਮਤ ਨਹੀਂ ਸੀ ਕਿ ਕਾਮਾਦਿਕ 'ਲਾਖ ਅਹੇਰੀ' ਦੀ ਮਾਰ ਤੋਂ ਬਚ ਕੇ ਮੈਂ ਪ੍ਰਭੂ-ਚਰਨਾਂ ਵਿਚ ਜੁੜ ਸਕਦਾ; ਅਗਾਂਹ ਨੂੰ ਭੀ ਮੇਰੇ ਵਿਚ ਇਹ ਤਾਕਤ ਨਹੀਂ ਆ ਸਕਦੀ ਕਿ ਖ਼ੁਦ ਇਹਨਾਂ ਵਿਕਾਰਾਂ ਦਾ ਟਾਕਰਾ ਕਰਾਂ, ਮੇਰਾ ਇਹ ਸਰੀਰ ਇਤਨੇ ਜੋਗਾ ਹੈ ਹੀ ਨਹੀਂ।
58390	1367	ਕਿਆ ਜਾਨਉ ਕਿਛੁ ਹਰਿ ਕੀਆ ਭਇਓ ਕਬੀਰੁ ਕਬੀਰੁ॥੬੨॥		Kiaa Jaano Kishh Har Keeaa Bhaeiou Kabeer Kabeer ||62||	I do not know what the Lord has done, but the call has gone out: ""Kabeer, Kabeer.""||62||	ਅਸਲ ਗੱਲ ਇਹ ਹੈ ਕਿ ਕਾਮਾਦਿਕਾਂ ਨੂੰ ਜਿੱਤ ਕੇ ਜੋ ਥੋੜ੍ਹੀ-ਬਹੁਤ ਭਗਤੀ ਮੈਥੋਂ ਹੋਈ ਹੈ ਇਹ ਸਭ ਕੁਝ ਪ੍ਰਭੂ ਨੇ ਆਪ ਕੀਤਾ ਹੈ ਤੇ (ਉਸ ਦੀ ਮੇਹਰ ਨਾਲ) ਕਬੀਰ (ਭਗਤ) ਮਸ਼ਹੂਰ ਹੋ ਗਿਆ ਹੈ ॥੬੨॥
58391	1367	ਕਬੀਰ ਸੁਪਨੈ ਹੂ ਬਰੜਾਇ ਕੈ ਜਿਹ ਮੁਖਿ ਨਿਕਸੈ ਰਾਮੁ॥		Kabeer Supanai Hoo Bararraae Kai Jih Mukh Nikasai Raam ||	Kabeer, if someone utters the Name of the Lord even in dreams,	ਹੇ ਕਬੀਰ! ਸੁੱਤੇ ਪਿਆਂ ਸੁਪਨੇ ਵਿਚ ਉੱਚੀ ਬੋਲਿਆਂ ਜੇ ਕਿਸੇ ਮਨੁੱਖ ਦੇ ਮੂੰਹੋਂ ਪਰਮਾਤਮਾ ਦਾ ਨਾਮ ਨਿਕਲੇ ਤਾਂ,

58392	1367	ਤਾ ਕੇ ਪਗ ਕੀ ਪਾਨਹੀ ਮੇਰੇ ਤਨ ਕੋ ਚਾਮੁ॥੬੩॥	ਪਗ: ਪੋਲਾ ਬੋਲੋ	Thaa Kae Pag Kee Paanehee Maerae Than Ko Chaam ||63||	I would make my skin into shoes for his feet. ||63||	ਉਸ ਦੇ ਪੈਰਾਂ ਦੀ ਜੁੱਤੀ ਵਾਸਤੇ ਮੇਰੇ ਸਰੀਰ ਦੀ ਖੱਲ ਹਾਜ਼ਰ ਹੈ (ਭਾਵ, ਮੈਂ ਹਰ ਤਰ੍ਹਾਂ ਉਸ ਦੀ ਸੇਵਾ ਕਰਨ ਨੂੰ ਤਿਆਰ ਹਾਂ) ॥੬੩॥
58393	1367	ਕਬੀਰ ਮਾਟੀ ਕੇ ਹਮ ਪੂਤਰੇ ਮਾਨਸੁ ਰਾਖਿਓ ਨਾਉ॥	ੳ: ਹੋੜੇ ਅਤੇ ਔਂਕੜ ਵਿਚਾਲੇ ਅਵਾਜ ਬੋਲੋ	Kabeer Maattee Kae Ham Pootharae Maanas Raakhio Naao ||	Kabeer, we are puppets of clay, but we take the name of mankind.	ਹੇ ਕਬੀਰ! ਅਸੀਂ ਮਿੱਟੀ ਦੀਆਂ ਪੁਤਲੀਆਂ ਹਾਂ, ਅਸਾਂ ਆਪਣੇ ਆਪ ਦਾ ਨਾਮ ਤਾਂ ਮਨੁੱਖ ਰੱਖ ਲਿਆ ਹੈ (ਪਰ ਰਹੇ ਅਸੀਂ ਮਿੱਟੀ ਦੇ ਹੀ ਪੁਤਲੇ, ਕਿਉਂਕਿ ਜਿਸ ਪਰਮਾਤਮਾ ਨੇ ਅਸਾਡਾ ਇਹ ਪੁਤਲਾ ਸਜਾ ਕੇ ਇਸ ਵਿਚ ਆਪਣੀ ਜੋਤਿ ਪਾਈ ਹੈ ਉਸ ਨੂੰ ਵਿਸਾਰ ਕੇ ਮਿੱਟੀ ਨਾਲ ਹੀ ਪਿਆਰ ਕਰ ਰਹੇ ਹਾਂ);
58394	1367	ਚਾਰਿ ਦਿਵਸ ਕੇ ਪਾਹੁਨੇ ਬਡ ਬਡ ਰੂੰਧਹਿ ਠਾਉ॥੬੪॥		Chaar Dhivas Kae Paahunae Badd Badd Roondhhehi Thaao ||64||	We are guests here for only a few days, but we take up so much space. ||64||	ਅਸੀਂ ਇਥੇ ਚਾਰ ਦਿਨਾਂ ਲਈ ਪ੍ਰਾਹੁਣੇ ਹਾਂ ਪਰ ਵਧੀਕ ਵਧੀਕ ਥਾਂ ਮੱਲਦੇ ਜਾ ਰਹੇ ਹਾਂ ॥੬੪॥
58395	1367	ਕਬੀਰ ਮਹਿਦੀ ਕਰਿ ਘਾਲਿਆ ਆਪੁ ਪੀਸਾਇ ਪੀਸਾਇ॥		Kabeer Mehidhee Kar Ghaaliaa Aap Peesaae Peesaae ||	Kabeer, I have made myself into henna, and I grind myself into powder.	ਹੇ ਕਬੀਰ! (ਮਹਿੰਦੀ ਪੀਹ ਪੀਹ ਕੇ ਬਾਰੀਕ ਕਰੀਦੀ ਹੈ, ਤੇ ਫਿਰ ਪੈਰੀਂ ਲਾਈਦੀ ਹੈ। ਇਸ ਤਰ੍ਹਾਂ ਮਹਿੰਦੀ ਦੇ ਸਹੇ ਹੋਏ ਕਸ਼ਟ ਮਾਨੇ, ਕਬੂਲ ਪੈ ਜਾਂਦੇ ਹਨ; ਪਰ)

58396	1367	ਤੈ ਸਹ ਬਾਤ ਨ ਪੂਛੀਐ ਕਬਹੁ ਨ ਲਾਈ ਪਾਇ॥੬੫॥		Thai Seh Baath N Pooshheeai Kabahu N Laaee Paae ||65||	But You, O my Husband Lord, have not asked about me; You have never applied me to Your Feet. ||65||	ਜਿਸ ਮਨੁੱਖ ਨੇ ਆਪਣੇ ਆਪ ਨੂੰ ਤਪ ਆਦਿਕਾਂ ਦੇ ਕਸ਼ਟ ਦੇ ਕੇ ਬੜੀ ਘਾਲ ਘਾਲੀ ਜਿਵੇਂ ਮਹਿੰਦੀ ਨੂੰ ਪੀਹ ਪੀਹ ਕੇ ਬਾਰੀਕ ਕਰੀਦਾ ਹੈ, ਹੇ ਪ੍ਰਭੂ! ਤੂੰ ਉਸ ਦੀ ਘਾਲ-ਕਮਾਈ ਵਲ ਤਾਂ ਪਰਤ ਕੇ ਤੱਕਿਆ ਭੀ ਨਾ, ਤੂੰ ਉਸ ਨੂੰ ਕਦੇ ਆਪਣੇ ਚਰਨਾਂ ਵਿਚ ਨਾਹ ਜੋੜਿਆ ॥੬੫॥
58397	1367	ਕਬੀਰ ਜਿਹ ਦਰਿ ਆਵਤ ਜਾਤਿਅਹੁ ਹਟਕੈ ਨਾਹੀ ਕੋਇ॥		Kabeer Jih Dhar Aavath Jaathiahu Hattakai Naahee Koe ||	Kabeer, that door, through which people never stop coming and going	ਹੇ ਕਬੀਰ! ਜਿਸ ਦਰ ਤੇ ਟਿਕੇ ਰਿਹਾਂ ('ਲਾਖ ਅਹੇਰੀ', 'ਪਾਂਚਉ ਲਰਿਕਾ' ਆਦਿਕ ਵਿਚੋਂ) ਕੋਈ ਭੀ (ਜੀਵਨ ਦੇ ਸਹੀ ਰਾਹ ਵਿਚ ਰੋਕ ਨਹੀਂ ਪਾ ਸਕਦਾ,
58398	1367	ਸੋ ਦਰੁ ਕੈਸੇ ਛੋਡੀਐ ਜੋ ਦਰੁ ਐਸਾ ਹੋਇ॥੬੬॥		So Dhar Kaisae Shhoddeeai Jo Dhar Aisaa Hoe ||66||	- how can I leave such a door as that? ||66||	ਜੇ ਦਰਵਾਜ਼ਾ ਅਜੇਹਾ ਹੈ ਉਹ ਦਰ ਕਦੇ ਛੱਡਣਾ ਨਹੀਂ ਚਾਹੀਦਾ ॥੬੬॥

58399	1367	ਕਬੀਰ ਡੂਬਾ ਥਾ ਪੈ ਉਬਰਿਓ ਗੁਨ ਕੀ ਲਹਰਿ ਝਬਕਿ॥	ਸ੍ਰੀਰ ਦੇ ਰੋਮ ਰੋਮ ਚ (ਝਬਕਿ) ਛੇਤੀ ਹੀ ਸਤਿ ਦਇਆ ਧਰਮ ਵੀਚਾਰ ਨਿਮ੍ਰਤਾ ਹਲੀਮੀ ਗ੍ਰੀਬੀ ਇਕਾਗ੍ਰਤਾ ਸ਼ਾਂਤੀ ਸ਼ੁਭ (ਗੁਨ) ਗੁਣਾਂ (ਕੀ) ਦੀ ਲਹਰਿ ਉੱਠ ਖੜ੍ਹੀ। ਥਾ ਸੀ ਝਬਕਿ ਸ਼ੀਘਰ।ਲਹ-ਰਿ, ਝਬਕਿ: ਪੋਲਾ ਬੋਲੋ	Kabeer Ddoobaa Thhaa Pai Oubariou Gun Kee Lehar Jhabak ||	Kabeer, I was drowning, but the waves of virtue saved me in an instant.	ਹੇ ਕਬੀਰ! (ਸੰਸਾਰ-ਸਮੁੰਦਰ ਵਿਚ) ਮੈਂ ਡੁੱਬ ਚੱਲਿਆ ਸਾਂ, ਪਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਲਹਿਰ ਦੇ ਧੱਕੇ ਨਾਲ (ਸੰਸਾਰਕ ਮੋਹ ਦੀਆਂ ਠਿੱਲਾਂ ਵਿਚੋਂ) ਮੈਂ ਉਤਾਂਹ ਚੁਕਿਆ ਗਿਆ।
58400	1368	ਜਬ ਦੇਖਿਓ ਬੇੜਾ ਜਰਜਰਾ ਤਬ ਉਤਰਿ ਪਰਿਓ ਹਉ ਫਰਕਿ॥੬੭॥		Jab Dhaekhiou Baerraa Jarajaraa Thab Outhar Pariou Ho Farak ||67||	When I saw that my boat was rotten, then I immediately got out. ||67||	(ਪਹਿਲਾਂ ਮੋਹ ਵਿਚ ਮਸਤ ਸਾਂ, ਹੁਣ ਅੱਖਾਂ ਖੁਲ੍ਹ ਆਈਆਂ) ਉਸ ਵੇਲੇ ਮੈਂ ਵੇਖਿਆ (ਕਿ ਜਿਸ ਸਰੀਰਕ ਮੋਹ ਦੇ ਬੇੜੇ ਵਿਚ ਮੈਂ ਸੁਆਰ ਹਾਂ ਉਹ) ਥੋੜਾ-ਬਹੁਤ ਪੁਰਾਣਾ ਹੋਇਆ ਹੋਇਆ ਹੈ (ਵਿਕਾਰਾਂ ਨਾਲ ਛੇਕੋ-ਛੇਕ ਹੋਇਆ ਪਿਆ ਹੈ)। ਮੈਂ ਛਾਲ ਮਾਰ ਕੇ (ਉਸ ਅਪਣੱਤ ਦੇ ਬੇੜੇ ਵਿਚੋਂ) ਉਤਰ ਪਿਆ (ਮੈਂ ਅਪਣੱਤ, ਸਰੀਰਕ ਮੋਹ ਛੱਡ ਦਿੱਤਾ। ਪਰ ਇਹ ਸਭ ਕੁਝ ਇਸੇ ਕਰਕੇ ਸੀ ਕਿ ਮੈਂ ਉਹ 'ਦਰੁ' ਨਾਹ ਛੱਡਿਆ ਜਿਸ ਦਰ ਤੇ ਟਿਕਿਆਂ 'ਹਟਕੈ ਨਾਹੀ ਕੋਇ') ॥੬੭॥

58401	1368	ਕਬੀਰ ਪਾਪੀ ਭਗਤਿ ਨ ਭਾਵਈ ਹਰਿ ਪੂਜਾ ਨ ਸੁਹਾਇ॥		Kabeer Paapee Bhagath N Bhaavee Har Poojaa N Suhaae ||	Kabeer, the sinner does not like devotion to the Lord; he does not appreciate worship.	ਹੇ ਕਬੀਰ! (ਭਾਵੇਂ ਪ੍ਰਭੂ ਦੇ ਦਰ ਤੇ ਟਿਕੇ ਰਹਿਣ ਵਿਚ ਪ੍ਰਭੂ ਦੀ ਸਿਫ਼ਤ-ਸਾਲਾਹ ਕਰਨ ਵਿਚ ਇਹ ਬਰਕਤਿ ਹੈ ਕਿ ਸੰਸਾਰ-ਸਮੁੰਦਰ ਵਿਚ ਡੁੱਬਣੋਂ ਬਚ ਜਾਈਦਾ ਹੈ, ਪਰ) ਵਿਕਾਰੀ ਬੰਦੇ ਨੂੰ ਪਰਮਾਤਮਾ ਦੀ ਭਗਤੀ ਚੰਗੀ ਨਹੀਂ ਲੱਗਦੀ, ਪਰਮਾਤਮਾ ਦੀ ਪੂਜਾ ਸੁਖਾਂਦੀ ਨਹੀਂ (ਸੁਖ ਦੇਣ ਵਾਲੀ ਨਹੀਂ ਜਾਪਦੀ)।
58402	1368	ਮਾਖੀ ਚੰਦਨੁ ਪਰਹਰੈ ਜਹ ਬਿਗੰਧ ਤਹ ਜਾਇ॥੬੮॥		Maakhee Chandhan Pareharai Jeh Bigandhh Theh Jaae ||68||	The fly abandons the sandalwood tree, and goes after the rotten smell. ||68||	(ਵਿਕਾਰੀ ਬੰਦੇ ਦਾ ਸੁਭਾਉ ਮੱਖੀ ਵਾਂਗ ਹੋ ਜਾਂਦਾ ਹੈ) ਮੱਖੀ (ਸੋਹਣੀ ਖ਼ੁਸ਼-ਬੂ ਵਾਲੇ) ਚੰਦਨ ਨੂੰ ਤਿਆਗ ਦੇਂਦੀ ਹੈ, ਜਿੱਥੇ ਬਦ-ਬੂ ਹੋਵੇ ਉਥੇ ਜਾਂਦੀ ਹੈ ॥੬੮॥

58403	1368	ਕਬੀਰ ਬੈਦੁ ਮੂਆ ਰੋਗੀ ਮੂਆ ਮੂਆ ਸਭੁ ਸੰਸਾਰੁ॥		Kabeer Baidh Mooaa Rogee Mooaa Mooaa Sabh Sansaar ||	Kabeer, the physician is dead, and the patient is dead; the whole world is dead.	ਹੇ ਕਬੀਰ! (ਮਾਇਕ ਭੋਗਾਂ ਦੀ ਖ਼ਾਤਰ ਖਪ ਖਪ ਕੇ) ਸਾਰਾ ਜਗਤ (ਸੰਸਾਰ-ਸਮੁੰਦਰ ਵਿਚ ਡੁੱਬ ਕੇ, ਮਾਇਕ ਮੋਹ ਵਿਚ ਡੁੱਬ ਕੇ, ਆਤਮਕ ਮੌਤੇ) ਮਰ ਰਿਹਾ ਹੈ, ਚਾਹੇ ਕੋਈ ਰੋਗੀ ਹੈ ਤੇ ਚਾਹੇ ਕੋਈ ਹਕੀਮ ਹੈ (ਭਾਵ, ਇਕ ਤਾਂ ਉਹ ਬੰਦੇ ਹਨ ਜੋ ਅੰਞਾਣ ਤੇ ਮੂੜ੍ਹ ਹੋਣ ਕਰ ਕੇ ਜੀਵਨ ਦਾ ਰਾਹ ਜਾਣਦੇ ਹੀ ਨਹੀਂ, ਤੇ ਵਿਕਾਰਾਂ ਵਿਚ ਫਸੇ ਪਏ ਹਨ, ਦੂਜੇ ਉਹ ਹਨ ਜੋ ਵਿਦਵਾਨ ਪੰਡਿਤ ਹਨ ਤੇ ਮੂਰਖ ਲੋਕਾਂ ਨੂੰ ਉਪਦੇਸ਼ ਕਰਦੇ ਹਨ। ਪਰ ਹਾਲਤ ਦੋਹਾਂ ਦੀ ਇਹ ਹੈ ਕਿ ਇਹਨਾਂ ਦੀ ਸਾਰੀ ਦੌੜ-ਭੱਜ ਮਾਇਕ ਭੋਗਾਂ ਵਾਸਤੇ ਹੀ ਹੈ, ਇਨ੍ਹਾਂ ਦੇ ਗਿਆਨ-ਇੰਦ੍ਰੇ ਆਪੋ ਆਪਣੇ ਵਿਸ਼ੇ-ਭੋਗਾਂ ਵਲ ਖਪ ਰਹੇ ਹਨ, ਭੋਗਾਂ ਨੂੰ ਰੋ ਰਹੇ ਹਨ। ਇੱਕ ਭਗਤੀ ਤੋਂ ਵਾਂਜੇ ਰਹਿਣ ਕਰਕੇ ਇਹ ਸਭ ਆਤਮਕ ਮੌਤੇ ਮਰੇ ਪਏ ਹਨ)।

58404	1368	ੲੇਕੁ ਕਬੀਰਾ ਨਾ ਮੂਆ ਜਿਹ ਨਾਹੀ ਰੋਵਨਹਾਰੁ॥੬੯॥		Eaek Kabeeraa Naa Mooaa Jih Naahee Rovanehaar ||69||	Only Kabeer is not dead; there is no one to mourn for him. ||69||	ਹੇ ਕਬੀਰ! ਸਿਰਫ਼ ਉਹ ਮਨੁੱਖ (ਆਤਮਕ ਮੌਤੇ) ਨਹੀਂ ਮਰਦਾ ਜਿਸ ਦਾ ਕੋਈ (ਸੰਗੀ ਸਾਥੀ, ਗਿਆਨ-ਇੰਦ੍ਰਾ) (ਮਾਇਕ ਭੋਗਾਂ ਦੀ ਖ਼ਾਤਰ) ਰੋ ਨਹੀਂ ਰਿਹਾ (ਖਪ ਨਹੀਂ ਰਿਹਾ ਤੇ, ਅਜੇਹਾ ਮਨੁੱਖ ਸਿਰਫ਼ ਉਹੀ ਹੋ ਸਕਦਾ ਹੈ ਜੋ ਪ੍ਰਭੂ-ਦਰ ਨਹੀਂ ਛੱਡਦਾ, ਕਿਉਂਕਿ ਪ੍ਰਭੂ-ਦਰ ਤੇ ਰਿਹਾਂ 'ਹਟਕੈ ਨਾਹੀ ਕੋਇ') ॥੬੯॥
58405	1368	ਕਬੀਰ ਰਾਮੁ ਨ ਧਿਆਇਓ ਮੋਟੀ ਲਾਗੀ ਖੋਰਿ॥		Kabeer Raam N Dhhiaaeiou Mottee Laagee Khor ||	Kabeer, I have not meditated on the Lord; such is the bad habit I have developed.	ਹੇ ਕਬੀਰ! ਜਿਸ ਜਿਸ ਮਨੁੱਖ ਨੇ ਪਰਮਾਤਮਾ ਦਾ ਸਿਮਰਨ ਨਹੀਂ ਕੀਤਾ, ਉਸ ਨੂੰ ਅੰਦਰੋ ਅੰਦਰ ਵਿਕਾਰ ਖੋਖਲਾ ਕਰੀ ਜਾਂਦੇ ਹਨ (ਤੇ ਉਹ ਸਹਜੇ ਸਹਜੇ ਆਤਮਕ ਮੌਤੇ ਮਰਦਾ ਜਾਂਦਾ ਹੈ)।
58406	1368	ਕਾਇਆ ਹਾਂਡੀ ਕਾਠ ਕੀ ਨਾ ਓਹੁ ਚਰੈ ਬਹੋਰਿ॥੭੦॥		Kaaeiaa Haanddee Kaath Kee Naa Ouh Charhai Behor ||70||	The body is a wooden pot; it cannot be put back on the fire. ||70||	ਜਿਵੇਂ ਲੱਕੜ ਦੀ ਹਾਂਡੀ (ਚੁੱਲ੍ਹੇ ਉਤੇ ਇਕ ਵਾਰੀ ਸੜ ਕੇ) ਮੁੜ (ਚੁੱਲ੍ਹੇ ਉਤੇ) ਨਹੀਂ ਚੜ੍ਹ ਸਕਦੀ, ਤਿਵੇਂ (ਵਿਕਾਰਾਂ ਦੀ ਅੱਗ ਵਿਚ ਸੜਿ-ਮੁਏ ਮਨੁੱਖ ਦਾ) ਇਹ ਸਰੀਰ ਹੈ (ਜੋ ਇਸ ਨੂੰ ਦੂਜੀ ਵਾਰੀ ਨਹੀਂ ਮਿਲਦਾ) ॥੭੦॥

58407	1368	ਕਬੀਰ ਐਸੀ ਹੋਇ ਪਰੀ ਮਨ ਕੋ ਭਾਵਤੁ ਕੀਨੁ॥		Kabeer Aisee Hoe Paree Man Ko Bhaavath Keen ||	Kabeer, it came to pass, that I did whatever I pleased.	ਜਿਸ ਮਨੁੱਖ ਨੂੰ ਪ੍ਰਭੂ ਮਨ-ਭਾਉਂਦੀ (ਭਗਤੀ ਦੀ) ਦਾਤ ਬਖ਼ਸ਼ਦਾ ਹੈ, ਜਿਸ ਉਤੇ ਇਹ ਅਜਬ ਮੇਹਰ ਹੁੰਦੀ ਹੈ, ਉਹ ਮਨੁੱਖ ਭੀ ਖ਼ੁਸ਼ੀ-ਖ਼ੁਸ਼ੀ ਆਪਾ-ਭਾਵ ਤਿਆਗਦਾ ਹੈ।
58408	1368	ਮਰਨੇ ਤੇ ਕਿਆ ਡਰਪਨਾ ਜਬ ਹਾਥਿ ਸਿਧਉਰਾ ਲੀਨ॥੭੧॥	(ਖੰਡਾ) ਗਿਆਨ, (ਸਿਧਉਰਾ) ਨਲੇਰ ਵੈਰਾਗ	Maranae Thae Kiaa Ddarapanaa Jab Haathh Sidhhouraa Leen ||71||	Why should I be afraid of death? I have invited death for myself. ||71||	ਹੇ ਕਬੀਰ! ਜਦੋਂ ਕੋਈ ਇਸਤ੍ਰੀ (ਆਪਣੇ ਪਤੀ ਦੇ ਮਰਨ ਤੇ) ਹੱਥ ਵਿਚ ਸੰਧੂਰਿਆ ਹੋਇਆ ਨਲੀਏਰ ਫੜ ਲੈਂਦੀ ਹੈ ਤਾਂ ਉਹ ਮਰਨ ਤੋਂ ਨਹੀਂ ਡਰਦੀ ॥੭੧॥
58409	1368	ਕਬੀਰ ਰਸ ਕੋ ਗਾਂਡੋ ਚੂਸੀਐ ਗੁਨ ਕਉ ਮਰੀਐ ਰੋਇ॥		Kabeer Ras Ko Gaanddo Chooseeai Gun Ko Mareeai Roe ||	Kabeer, the mortals suck at the sugar cane, for the sake of the sweet juice. They should work just as hard for virtue.	ਹੇ ਕਬੀਰ! ਰਸ ਨਾਲ ਭਰਿਆ ਹੋਇਆ ਗੰਨਾ (ਵੇਲਣੇ ਵਿਚ) ਪੀੜਿਆ ਜਾਂਦਾ ਹੈ (ਭਾਵ, ਰਸ ਦੀ ਦਾਤ ਦੇ ਇਵਜ਼ ਵਿਚ ਉਸ ਨੂੰ ਇਹ ਮੁੱਲ ਦੇਣਾ ਪੈਂਦਾ ਹੈ ਕਿ ਉਹ ਵੇਲਣੇ ਵਿਚ ਪੀੜੀਦਾ ਹੈ (ਸੋ ਗੁਣਾਂ ਦੇ ਬਦਲੇ ਔਗੁਣਾਂ ਨੂੰ ਛੱਡ ਕੇ ਆਪਾ-ਭਾਵ ਵਲੋਂ ਮਰਨਾ ਹੀ ਪੈਂਦਾ ਹੈ)।

58410	1368	ਅਵਗੁਨੀਆਰੇ ਮਾਨਸੈ ਭਲੋ ਨ ਕਹਿਹੈ ਕੋਇ॥੭੨॥		Avaguneeaarae Maanasai Bhalo N Kehihai Koe ||72||	The person who lacks virtue - no one calls him good. ||72||	(ਜੋ ਮਨੁੱਖ ਆਪਾ-ਭਾਵ ਨਹੀਂ ਤਿਆਗਦਾ, ਤੇ, ਵਿਕਾਰਾਂ ਵਲ ਹੀ ਰੁੱਚੀ ਰੱਖਦਾ ਹੈ, ਉਸ) ਵਿਕਾਰੀ ਮਨੁੱਖ ਨੂੰ (ਜਗਤ ਵਿਚ) ਕੋਈ ਬੰਦਾ ਚੰਗਾ ਨਹੀਂ ਆਖਦਾ (ਭਾਵ, ਭਗਤੀ ਦੀ ਦਾਤ ਤੋਂ ਵਾਂਜਿਆ ਰਹਿੰਦਾ ਹੈ, ਤੇ, ਜਗਤ ਵਿਚ ਬਦਨਾਮੀ ਭੀ ਖੱਟਦਾ ਹੈ) ॥੭੨॥
58411	1368	ਕਬੀਰ ਗਾਗਰਿ ਜਲ ਭਰੀ ਆਜੁ ਕਾਲ੍ਹਿ ਜੈਹੈ ਫੂਟਿ॥		Kabeer Gaagar Jal Bharee Aaj Kaalih Jaihai Foott ||	Kabeer, the pitcher is full of water; it will break, today or tomorrow.	ਹੇ ਕਬੀਰ! ਮਿੱਟੀ ਦਾ ਕੱਚਾ ਘੜਾ ਪਾਣੀ ਨਾਲ ਭਰਿਆ ਹੋਇਆ ਹੋਵੇ, ਉਹ ਛੇਤੀ ਹੀ ਫੁੱਟ ਜਾਂਦਾ ਹੈ (ਇਸ ਸਰੀਰ ਦੀ ਭੀ ਇਹੀ ਪਾਂਇਆਂ ਹੈ, ਸਦਾ ਕਾਇਮ ਨਹੀਂ ਰਹਿ ਸਕਦਾ। ਮਨੁੱਖਾ ਜਨਮ ਦਾ ਮਨੋਰਥ ਪ੍ਰਾਪਤ ਕਰਨ ਲਈ ਇਸ ਸਰੀਰ ਦਾ ਮੋਹ ਇਸ ਦੇ ਨਾਸ ਹੋਣ ਤੋਂ ਪਹਿਲਾਂ ਹੀ ਤਿਆਗਣਾ ਹੈ, ਆਪਣੀ ਮਰਜ਼ੀ ਤਿਆਗ ਕੇ ਗੁਰੂ ਦੇ ਦੱਸੇ ਹੋਏ ਰਾਹ ਉਤੇ ਤੁਰਨਾ ਹੈ; ਪਰ)

58412	1368	ਗੁਰੁ ਜੁ ਨ ਚੇਤਹਿ ਆਪਨੋ ਅਧ ਮਾਝਿ ਲੀਜਹਿਗੇ ਲੂਟਿ॥੭੩॥	ਅੱਧ। ਲੀਜਹਿ-ਗੇ	Gur J N Chaethehi Aapano Adhh Maajh Leejehigae Loott ||73||	Those who do not remember their Guru, shall be plundered on the way. ||73||	ਜੋ ਮਨੁੱਖ ਆਪਣੇ ਗੁਰੂ ਨੂੰ ਯਾਦ ਨਹੀਂ ਰੱਖਦੇ (ਸਰੀਰਕ ਮੋਹ ਵਿਚ ਫਸ ਕੇ ਗੁਰੂ ਨੂੰ ਭੁਲਾ ਬੈਠਦੇ ਹਨ, ਗੁਰੂ ਦੇ ਦੱਸੇ ਰਾਹ ਨੂੰ ਵਿਸਾਰ ਦੇਂਦੇ ਹਨ) ਉਹ ਮਨੁੱਖ ਜ਼ਿੰਦਗੀ ਦੇ ਸਫ਼ਰ ਦੇ ਅੱਧ ਵਿਚ ਹੀ ਲੁੱਟ ਲਏ ਜਾਂਦੇ ਹਨ (ਕਾਮਾਦਿਕ ਵਿਕਾਰ ਆਪਣੇ ਜਾਲ ਵਿਚ ਫਸਾ ਕੇ ਉਹਨਾਂ ਦੇ ਸਾਰੇ ਗੁਣ ਨਾਸ ਕਰ ਦੇਂਦੇ ਹਨ, ਵਿਕਾਰਾਂ ਵਿਚ ਪੈ ਕੇ ਇਥੋਂ ਦੀ ਰਾਸਿ-ਪੂੰਜੀ ਭੀ ਮੁੱਕ ਜਾਂਦੀ ਹੈ ਤੇ ਪਰਲੋਕ ਭੀ ਵਿਗੜ ਜਾਂਦਾ ਹੈ) ॥੭੩॥
58413	1368	ਕਬੀਰ ਕੂਕਰੁ ਰਾਮ ਕੋ ਮੁਤੀਆ ਮੇਰੋ ਨਾਉ॥		Kabeer Kookar Raam Ko Mutheeaa Maero Naao ||	Kabeer, I am the Lord's dog; Moti is my name.	ਹੇ ਕਬੀਰ! ਮੈਂ ਆਪਣੇ ਮਾਲਕ-ਪ੍ਰਭੂ (ਦੇ ਦਰ) ਦਾ ਕੁੱਤਾ ਹਾਂ (ਪ੍ਰਭੂ ਦੇ ਦਰਵਾਜ਼ੇ ਤੇ ਹੀ ਟਿਕਿਆ ਰਹਿੰਦਾ ਹਾਂ, ਤੇ ਇਸ ਕਰਕੇ) ਮੇਰਾ ਨਾਮ ਭੀ 'ਮੋਤੀ' ਪੈ ਗਿਆ ਹੈ (ਭਾਵ, ਦੁਨੀਆ ਭੀ ਮੈਨੂੰ ਪਿਆਰ ਨਾਲ ਬੁਲਾਂਦੀ ਹੈ)।
58414	1368	ਗਲੇ ਹਮਾਰੇ ਜੇਵਰੀ ਜਹ ਖਿੰਚੈ ਤਹ ਜਾਉ॥੭੪॥		Galae Hamaarae Jaevaree Jeh Khinchai Theh Jaao ||74||	There is a chain around my neck; wherever I am pulled, I go. ||74||	ਮੇਰੇ ਮਾਲਕ-ਪ੍ਰਭੂ ਨੇ ਮੇਰੇ ਗਲ ਵਿਚ ਰੱਸੀ ਪਾਈ ਹੋਈ ਹੈ, ਜਿਧਰ ਉਹ ਮੈਨੂੰ ਖਿੱਚਦਾ ਹੈ, ਮੈਂ ਉਧਰ ਹੀ ਜਾਂਦਾ ਹਾਂ ॥੭੪॥

58415	1368	ਕਬੀਰ ਜਪਨੀ ਕਾਠ ਕੀ ਕਿਆ ਦਿਖਲਾਵਹਿ ਲੋਇ॥		Kabeer Japanee Kaath Kee Kiaa Dhikhalaavehi Loe ||	Kabeer, why do you show other people your rosary beads?	ਹੇ ਕਬੀਰ! ਤੂੰ ਤੁਲਸੀ ਰੁੱਦ੍ਰਾਖ ਆਦਿਕ ਦੀ ਮਾਲਾ (ਹੱਥ ਵਿਚ ਲੈ ਕੇ) ਕਿਉਂ ਲੋਕਾਂ ਨੂੰ ਵਿਖਾਂਦਾ ਫਿਰਦਾ ਹੈਂ?
58416	1368	ਹਿਰਦੈ ਰਾਮੁ ਨ ਚੇਤਹੀ ਇਹ ਜਪਨੀ ਕਿਆ ਹੋਇ॥੭੫॥		Hiradhai Raam N Chaethehee Eih Japanee Kiaa Hoe ||75||	You do not remember the Lord in your heart, so what use is this rosary to you? ||75||	ਤੂੰ ਆਪਣੇ ਹਿਰਦੇ ਵਿਚ ਤਾਂ ਪਰਮਾਤਮਾ ਨੂੰ ਯਾਦ ਨਹੀਂ ਕਰਦਾ, (ਹੱਥ ਵਿਚ ਫੜੀ ਹੋਈ) ਇਸ ਮਾਲਾ ਦਾ ਕੋਈ ਲਾਭ ਨਹੀਂ ਹੋ ਸਕਦਾ ॥੭੫॥
58417	1368	ਕਬੀਰ ਬਿਰਹੁ ਭੁਯੰਗਮੁ ਮਨਿ ਬਸੈ ਮੰਤੁ ਨ ਮਾਨੈ ਕੋਇ॥	ਭੁਯੰਗਮੁ: ਯੰ ਤਾਲੂ ਤੋਂ ਬੋਲੋ	Kabeer Birahu Bhuyangam Man Basai Manth N Maanai Koe ||	Kabeer, the snake of separation from the Lord abides within my mind; it does not respond to any mantra.	ਹੇ ਕਬੀਰ! ('ਕਾਠ ਕੀ ਜਪਨੀ' ਤਾਂ ਕੁਝ ਸਵਾਰ ਨਹੀਂ ਸਕਦੀ, ਪਰ) ਜਿਸ ਮਨੁੱਖ ਦੇ ਮਨ ਵਿਚ ਗੁਰੂ ਦੀ ਸਰਨ ਪੈ ਕੇ ਬਿਰਹੋਂ ਦਾ ਸੱਪ ਆ ਵੱਸੇ (ਜਿਸ ਮਨੁੱਖ ਨੂੰ ਗੁਰੂ-ਦਰ ਤੋਂ ਇਹ ਸੂਝ ਮਿਲ ਜਾਏ ਕਿ ਇਹਨਾਂ ਕਾਮਾਦਿਕਾਂ ਨੇ ਮੈਨੂੰ ਰੱਬ ਨਾਲੋਂ ਵਿਛੋੜ ਦਿੱਤਾ ਹੈ) (ਕਾਮਾਦਿਕਾਂ ਦਾ) ਕੋਈ ਮੰਤ੍ਰ ਉਸ ਉਤੇ ਨਹੀਂ ਚੱਲ ਸਕਦਾ।

58418	1368	ਰਾਮ ਬਿਓਗੀ ਨਾ ਜੀਐ ਜੀਐ ਤ ਬਉਰਾ ਹੋਇ॥੭੬॥		Raam Biougee Naa Jeeai Jeeai Th Bouraa Hoe ||76||	One who is separated from the Lord does not live; if he does live, he goes insane. ||76||	ਪਰਮਾਤਮਾ ਤੋਂ ਵਿਛੋੜੇ ਨੂੰ ਮਹਿਸੂਸ ਕਰਨ ਵਾਲਾ ਮਨੁੱਖ ਜੀਊ ਹੀ ਨਹੀਂ ਸਕਦਾ, (ਭਾਵ, ਪਰਮਾਤਮਾ ਤੋਂ ਵਿਛੋੜੇ ਦਾ ਅਹਿਸਾਸ ਇਕ ਐਸਾ ਡੰਗ ਹੈ ਕਿ ਇਸ ਦਾ ਡੰਗਿਆ ਹੋਇਆ ਬੰਦਾ ਮਾਇਕ ਭੋਗਾਂ ਵਾਸਤੇ ਜੀਊ ਹੀ ਨਹੀਂ ਸਕਦਾ) ਜੇਹੜਾ ਜੀਵਨ ਉਹ ਜੀਊਂਦਾ ਹੈ, ਦੁਨੀਆ ਦੇ ਭਾਣੇ ਉਹ ਝੱਲਿਆਂ ਵਾਲਾ ਜੀਵਨ ਹੈ ॥੭੬॥
58419	1368	ਕਬੀਰ ਪਾਰਸ ਚੰਦਨੈ ਤਿਨ੍ ਹੈ ਏਕ ਸੁਗੰਧ॥		Kabeer Paaras Chandhanai Thinh Hai Eaek Sugandhh ||	Kabeer, the philosopher's stone and sandalwood oil have the same good quality.	ਹੇ ਕਬੀਰ! ਪਾਰਸ ਅਤੇ ਚੰਦਨ- ਇਹਨਾਂ ਦੋਹਾਂ ਵਿਚ ਇਕ ਇਕ ਗੁਣ ਹੈ;
58420	1368	ਤਿਹ ਮਿਲਿ ਤੇਊ ਊਤਮ ਭਏ ਲੋਹ ਕਾਠ ਨਿਰਗੰਧ॥੭੭॥		Thih Mil Thaeoo Ootham Bheae Loh Kaath Niragandhh ||77||	Whatever comes into contact with them is uplifted. Iron is transformed into gold, and ordinary wood becomes fragrant. ||77||	ਲੋਹਾ ਅਤੇ ਸੁਗੰਧੀ-ਹੀਨ ਲੱਕੜੀ ਇਹਨਾਂ ਨਾਲ ਛੋਹ ਕੇ ਉੱਤਮ ਬਣ ਜਾਂਦੇ ਹਨ (ਲੋਹਾ ਪਾਰਸ ਨੂੰ ਛੋਹ ਕੇ ਸੋਨਾ ਬਣ ਜਾਂਦਾ ਹੈ; ਸਾਧਾਰਨ ਰੁੱਖ ਚੰਦਨ ਦੇ ਨੇੜੇ ਰਹਿ ਕੇ ਸੁਗੰਧੀ ਵਾਲਾ ਹੋ ਜਾਂਦਾ ਹੈ। ਤਿਵੇਂ ਪਹਿਲਾਂ ਕਾਮਾਦਿਕਾਂ ਤੋਂ ਵਿਕਿਆ ਮਨੁੱਖ ਗੁਰੂ ਨੂੰ ਮਿਲ ਕੇ "ਰਾਮ ਬਿਓਗੀ" ਬਣ ਜਾਂਦਾ ਹੈ) ॥੭੭॥

58421	1368	ਕਬੀਰ ਜਮ ਕਾ ਠੇਂਗਾ ਬੁਰਾ ਹੈ ਓਹੁ ਨਹੀ ਸਹਿਆ ਜਾਇ॥		Kabeer Jam Kaa Thaenagaa Buraa Hai Ouhu Nehee Sehiaa Jaae ||	Kabeer, Death's club is terrible; it cannot be endured.	ਹੇ ਕਬੀਰ! (ਕਾਮਾਦਿਕਾਂ ਦੇ ਵੱਸ ਪਏ ਰਿਹਾਂ ਜਮ ਦਾ ਡੰਡਾ ਸਿਰ ਤੇ ਵੱਜਦਾ ਹੈ, ਜਨਮ-ਮਰਨ ਦੇ ਗੇੜ ਵਿਚ ਪੈ ਜਾਈਦਾ ਹੈ, ਤੇ) ਜਮ ਦੀ (ਇਹ) ਸੱਟ ਇਤਨੀ ਭੈੜੀ ਹੈ ਕਿ ਸਹਾਰਨੀ ਬੜੀ ਔਖੀ ਹੈ।
58422	1368	ਏਕੁ ਜੁ ਸਾਧੂ ਮੁਹਿ ਮਿਲਿਓ ਤਿਨਿ ਲੀਆ ਅੰਚਲਿ ਲਾਇ॥੭੮॥	ਮੁ: ਹੋੜੇ ਅਤੇ ਔਂਕੜ ਵਿਚਾਲੇ ਅਵਾਜ ਬੋਲੋ	Eaek J Saadhhoo Muohi Miliou Thinih Leeaa Anchal Laae ||78||	I have met with the holy man; he has attached me to the hem of his robe. ||78||	(ਪਰਮਾਤਮਾ ਦੀ ਕਿਰਪਾ ਨਾਲ) ਮੈਨੂੰ ਗੁਰੂ ਮਿਲ ਪਿਆ, ਉਸ ਨੇ ਆਪਣੇ ਲੜ ਲਾ ਲਿਆ (ਤੇ ਮੈਂ ਕਾਮਾਦਿਕਾਂ ਦੇ) ਢਹੇ ਨਹੀਂ ਚੜ੍ਹਿਆ ॥੭੮॥
58423	1368	ਕਬੀਰ ਬੈਦੁ ਕਹੈ ਹਉ ਹੀ ਭਲਾ ਦਾਰੂ ਮੇਰੈ ਵਸਿ॥	ਵੱਸਿ	Kabeer Baidh Kehai Ho Hee Bhalaa Dhaaroo Maerai Vas ||	Kabeer, the physician says that he alone is good, and all the medicine is under his control.	ਹੇ ਕਬੀਰ! ਹਕੀਮ (ਤਾਂ) ਆਖਦਾ ਹੈ ਕਿ ਮੈਂ ਬੜਾ ਸਿਆਣਾ ਹਾਂ (ਰੋਗ ਆਉਣ ਤੇ ਜਿੰਦ ਨੂੰ ਸਰੀਰ ਨਾਲੋਂ ਵਿਛੁੜਨ ਤੋਂ ਬਚਾਣ ਲਈ) ਇਲਾਜ ਮੇਰੇ ਇਖ਼ਤਿਆਰ ਵਿਚ ਹੈ (ਮੈਂ ਰੋਗ ਦਾ ਇਲਾਜ ਕਰਨਾ ਜਾਣਦਾ ਹਾਂ)।

58424	1368	ਇਹ ਤਉ ਬਸਤੁ ਗੁਪਾਲ ਕੀ ਜਬ ਭਾਵੈ ਲੇਇ ਖਸਿ॥੭੯॥	ਲੇ-ਇ, ਖੱਸਿ	Eih Tho Basath Gupaal Kee Jab Bhaavai Laee Khas ||79||	But these things belong to the Lord; He takes them away whenever He wishes. ||79||	ਪਰ ਇਹ ਜਿੰਦ ਉਸ ਮਾਲਕ ਪ੍ਰਭੂ ਦੀ (ਦਿੱਤੀ ਹੋਈ ਅਮਾਨਤੀ) ਚੀਜ਼ ਹੈ, ਜਦੋਂ ਉਹ ਚਾਹੁੰਦਾ ਹੈ (ਸਰੀਰ ਵਿਚੋਂ) ਮੋੜ ਲੈਂਦਾ ਹੈ (ਇਥੇ ਸਦਾ ਨਹੀਂ ਟਿਕੇ ਰਹਿਣਾ, ਤਾਂ ਤੇ ਜਮ ਦੇ ਠੇਂਗੇ ਦਾ ਖ਼ਿਆਲ ਰੱਖੇ ਤੇ ਗੁਰੂ-ਦਰ ਤੇ ਆ ਕੇ 'ਗੁਨ ਕਉ ਮਰੀਐ ਰੋਇ') ॥੭੯॥
58425	1368	ਕਬੀਰ ਨਉਬਤਿ ਆਪਨੀ ਦਿਨ ਦਸ ਲੇਹੁ ਬਜਾਇ॥		Kabeer Noubath Aapanee Dhin Dhas Laehu Bajaae ||	Kabeer, take your drum and beat it for ten days.	ਹੇ ਕਬੀਰ! (ਜੇ ਤੂੰ ਇਹ ਨਹੀਂ ਸੁਣਦਾ, ਤਾਂ ਤੇਰੀ ਮਰਜ਼ੀ) ਮਨ-ਮੰਨੀਆਂ ਮੌਜਾਂ ਮਾਣ ਲੈ (ਪਰ ਇਹ ਮੌਜਾਂ ਹਨ ਸਿਰਫ਼) ਦਸ ਦਿਨਾਂ ਲਈ ਹੀ।
58426	1368	ਨਦੀ ਨਾਵ ਸੰਜੋਗ ਜਿਉ ਬਹੁਰਿ ਨ ਮਿਲਹੈ ਆਇ॥੮੦॥		Nadhee Naav Sanjog Jio Bahur N Milehai Aae ||80||	Life is like people meeting on a boat on a river; they shall not meet again. ||80||	ਜਿਵੇਂ ਨਦੀ ਤੋਂ ਪਾਰ ਲੰਘਣ ਲਈ ਬੇੜੀ ਵਿਚ ਬੈਠੇ ਮੁਸਾਫਿਰਾਂ ਦਾ ਮਿਲਾਪ ਹੈ (ਮੁੜ ਉਹ ਸਾਰੇ ਕਦੇ ਨਹੀਂ ਮਿਲਦੇ); ਤਿਵੇਂ (ਮਨ-ਮੰਨੀਆਂ ਮੌਜਾਂ ਵਿਚ ਗਵਾਇਆ ਹੋਇਆ ਇਹ ਮਨੁੱਖਾ ਸਰੀਰ ਮੁੜ ਨਹੀਂ ਮਿਲੇਗਾ ॥੮੦॥
58427	1368	ਕਬੀਰ ਸਾਤ ਸਮੁੰਦਹਿ ਮਸੁ ਕਰਉ ਕਲਮ ਕਰਉ ਬਨਰਾਇ॥	ਮੱਸੁ	Kabeer Saath Samundhehi Mas Karo Kalam Karo Banaraae ||	Kabeer, if I could change the seven seas into ink and make all the vegetation my pen,	ਹੇ ਕਬੀਰ! ਜੇ ਮੈਂ ਸੱਤਾਂ ਹੀ ਸਮੁੰਦ੍ਰਾਂ (ਦੇ ਪਾਣੀ ਨੂੰ ਸਿਆਹੀ ਬਣਾ ਲਵਾਂ, ਸਾਰੇ ਰੁੱਖਾਂ-ਬਿਰਖਾਂ ਦੀਆਂ ਕਲਮਾਂ ਘੜ ਲਵਾਂ, ਸਾਰੀ ਧਰਤੀ ਨੂੰ ਕਾਗਜ਼ ਦੇ ਥਾਂ ਵਰਤਾਂ,

58428	1368	ਬਸੁਧਾ ਕਾਗਦੁ ਜਉ ਕਰਉ ਹਰਿ ਜਸੁ ਲਿਖਨੁ ਨ ਜਾਇ॥੮੧॥		Basudhhaa Kaagadh Jo Karo Har Jas Likhan N Jaae ||81||	And the earth my paper, even then, I could not write the Praises of the Lord. ||81||	ਤਾਂ ਭੀ ਪਰਮਾਤਮਾ ਦੇ ਗੁਣ (ਪੂਰਨ ਤੌਰ ਤੇ) ਲਿਖੇ ਨਹੀਂ ਜਾ ਸਕਦੇ (ਭਾਵ, ਇਨਸਾਨ ਨੇ ਪਰਮਾਤਮਾ ਦੇ ਗੁਣ ਇਸ ਵਾਸਤੇ ਨਹੀਂ ਗਾਵਣੇ ਕਿ ਗੁਣਾਂ ਦਾ ਅੰਤ ਪਾਇਆ ਜਾ ਸਕੇ, ਤੇ ਸਾਰੇ ਗੁਣ ਬਿਆਨ ਕੀਤੇ ਜਾ ਸਕਣ) ॥੮੧॥
58429	1368	ਕਬੀਰ ਜਾਤਿ ਜੁਲਾਹਾ ਕਿਆ ਕਰੈ ਹਿਰਦੈ ਬਸੇ ਗੁਪਾਲ॥		Kabeer Jaath Julaahaa Kiaa Karai Hiradhai Basae Gupaal ||	Kabeer, what can my lowly status as a weaver do to me? The Lord dwells in my heart.	ਹੇ ਕਬੀਰ! (ਪ੍ਰਭੂ ਦੇ ਗੁਣ ਗਾਵਿਆਂ ਗੁਣਾਂ ਦਾ ਅੰਤ ਤਾਂ ਨਹੀਂ ਪੈ ਸਕਦਾ, ਪਰ ਸਿਫ਼ਤ-ਸਾਲਾਹ ਦੀ ਬਰਕਤਿ ਨਾਲ) ਮੇਰੀ (ਨੀਵੀਂ) ਜੁਲਾਹਾ-ਜਾਤਿ ਮੇਰੇ ਅੰਦਰ ਨਿਤਾਣਾ-ਪਨ ਪੈਦਾ ਨਹੀਂ ਕਰ ਸਕਦੀ ਕਿਉਂਕਿ ਹੁਣ ਮੇਰੇ ਹਿਰਦੇ ਵਿਚ ਸ੍ਰਿਸ਼ਟੀ ਦਾ ਮਾਲਕ ਪਰਮਾਤਮਾ ਵੱਸ ਰਿਹਾ ਹੈ।
58430	1368	ਕਬੀਰ ਰਮਈਆ ਕੰਠਿ ਮਿਲੁ ਚੂਕਹਿ ਸਰਬ ਜੰਜਾਲ॥੮੨॥	ਰ-ਮਈਆ	Kabeer Rameeaa Kanth Mil Chookehi Sarab Janjaal ||82||	Kabeer, the Lord hugs me close in His Embrace; I have forsaken all my entanglements. ||82||	ਹੇ ਕਬੀਰ! ਪ੍ਰਭੂ ਦੀ ਯਾਦ ਵਿਚ ਜੁੜ (ਨਿਰੀ ਨੀਵੀਂ ਜਾਤਿ ਦੀ ਕਮਜ਼ੋਰੀ ਹੀ ਨਹੀਂ) ਮਾਇਆ ਦੇ ਸਾਰੇ ਹੀ ਜੰਜਾਲ ਮੁੱਕ ਜਾਣਗੇ ॥੮੨॥

58431	1368	ਕਬੀਰ ਐਸਾ ਕੋ ਨਹੀ ਮੰਦਰੁ ਦੇਇ ਜਰਾਇ॥		Kabeer Aisaa Ko Nehee Mandhar Dhaee Jaraae ||	Kabeer, will anyone set fire to his home	ਹੇ ਕਬੀਰ! (ਭਾਵੇਂ ਸਿਫ਼ਤ-ਸਾਲਾਹ ਵਿਚ ਬੜੀ ਬਰਕਤਿ ਹੈ, ਪਰ ਸਰੀਰਕ ਮੋਹ ਅਤੇ ਕਾਮਾਦਿਕ ਦਾ ਇਤਨਾ ਜ਼ੋਰ ਹੈ ਕਿ) ਕੋਈ ਵਿਰਲਾ ਅਜਿਹਾ ਮਨੁੱਖ ਹੁੰਦਾ ਹੈ ਜੋ ਸਰੀਰਕ ਮੋਹ ਨੂੰ ਸਾੜਦਾ ਹੈ,
58432	1368	ਪਾਂਚਉ ਲਰਿਕੇ ਮਾਰਿ ਕੈ ਰਹੈ ਰਾਮ ਲਿਉ ਲਾਇ॥੮੩॥		Paancho Larikae Maar Kai Rehai Raam Lio Laae ||83||	And kill his five sons (the five thieves) to remain lovingly attached to the Lord? ||83||	ਕੋਈ ਵਿਰਲਾ ਹੈ ਜੋ ਕਾਮਾਦਿਕ ਮਾਇਆ ਦੇ ਪੰਜਾਂ ਪੁਤ੍ਰਾਂ ਨੂੰ ਮਾਰ ਕੇ ਪ੍ਰਭੂ ਨਾਲ ਲਿਵ ਲਾਈ ਰੱਖਦਾ ਹੈ ॥੮੩॥
58433	1368	ਕਬੀਰ ਐਸਾ ਕੋ ਨਹੀ ਇਹ ਤਨ ਦੇਵੈ ਫੂਕਿ॥		Kabeer Aisaa Ko Nehee Eihu Than Dhaevai Fook ||	Kabeer, will anyone burn his own body?	ਹੇ ਕਬੀਰ! (ਮਾਇਆ ਦੇ ਪ੍ਰਭਾਵ ਕਰ ਕੇ) ਕੋਈ ਵਿਰਲਾ ਹੀ ਅਜੇਹਾ ਮਿਲਦਾ ਹੈ ਜੋ (ਪ੍ਰਭੂ ਦੀ ਸਿਫ਼ਤ-ਸਾਲਾਹ ਕਰੇ, ਤੇ) ਸਰੀਰਕ ਮੋਹ ਨੂੰ ਸਾੜ ਦੇਵੇ।
58434	1368	ਅੰਧਾ ਲੋਗੁ ਨ ਜਾਨਈ ਰਹਿਓ ਕਬੀਰਾ ਕੂਕਿ॥੮੪॥		Andhhaa Log N Jaanee Rehiou Kabeeraa Kook ||84||	The people are blind - they do not know, although Kabeer continues to shout at them. ||84||	ਜਗਤ ਮੋਹ ਵਿਚ ਇਤਨਾ ਗ਼ਰਕ ਹੈ ਕਿ ਇਸ ਨੂੰ ਆਪਣੀ ਭਲਾਈ ਸੁੱਝਦੀ ਹੀ ਨਹੀਂ, (ਭਾਵੇਂ) ਕਬੀਰ ਉੱਚੀ ਉੱਚੀ ਦੱਸ ਰਿਹਾ ਹੈ ॥੮੪॥

58435	1368	ਕਬੀਰ ਸਤੀ ਪੁਕਾਰੈ ਚਿਹ ਚੜੀ ਸੁਨੁਹੋ ਬੀਰ ਮਸਾਨ॥	ਚੜ੍ਹੀ,ਸਤੀ: ਪੋਲਾ ਬੋਲੋ	Kabeer Sathee Pukaarai Chih Charree Sun Ho Beer Masaan ||	Kabeer, the widow mounts the funeral pyre and cries out, ""Listen, O brother funeral pyre.	ਹੇ ਕਬੀਰ! ਜੋ ਇਸਤ੍ਰੀ ਆਪਣੇ ਪਰਲੋਕ-ਅੱਪੜੇ ਪਤੀ ਨੂੰ ਮਿਲਣ ਦੀ ਖ਼ਾਤਰ ਉਸ ਦੇ ਸਰੀਰ ਨਾਲ ਆਪਣੇ ਆਪ ਨੂੰ ਸਾੜਨ ਲਈ ਤਿਆਰ ਹੁੰਦੀ ਹੈ ਉਹ ਚਿਖ਼ਾ ਉਤੇ ਚੜ੍ਹ ਕੇ ਦਲੇਰ ਹੋ ਕੇ ਆਖਦੀ ਹੈ-ਹੇ ਵੀਰ ਮਸਾਣ!
58436	1368	ਲੋਗੁ ਸਬਾਇਆ ਚਲਿ ਗਇਓ ਹਮ ਤੁਮ ਕਾਮੁ ਨਿਦਾਨ॥੮੫॥		Log Sabaaeiaa Chal Gaeiou Ham Thum Kaam Nidhaan ||85||	All people must depart in the end; it is only you and I.""||85||	ਸੁਣ, ਸਾਰੇ ਸੰਬੰਧੀ ਮੇਰਾ ਸਾਥ ਛੱਡ ਗਏ ਹਨ (ਮੈਨੂੰ ਕੋਈ ਮੇਰੇ ਪਤੀ ਨਾਲ ਨਹੀਂ ਮਿਲਾ ਸਕਿਆ) ਆਖ਼ਰ, ਹੇ ਵੀਰ! ਮੈਨੂੰ ਤੇਰੇ ਨਾਲ ਗ਼ਰਜ਼ ਪਈ ਹੈ ॥੮੫॥
58437	1369	ਕਬੀਰ ਮਨੁ ਪੰਖੀ ਭਇਓ ਉਡਿ ਉਡਿ ਦਹ ਦਿਸ ਜਾਇ॥		Kabeer Man Pankhee Bhaeiou Oudd Oudd Dheh Dhis Jaae ||	Kabeer, the mind has become a bird; it soars and flies in the ten directions.	(ਹੇ ਕਬੀਰ! ਇਹ ਜਾਣਦਿਆਂ ਭੀ ਕਿ ਪ੍ਰਭੂ ਦੀ ਸਿਫ਼ਤ-ਸਾਲਾਹ ਵਿਕਾਰਾਂ ਨੂੰ ਸਾੜ ਕੇ ਪ੍ਰਭੂ-ਚਰਨਾਂ ਵਿਚ ਜੋੜਦੀ ਹੈ) ਮਨੁੱਖ ਦਾ ਮਨ ਪੰਛੀ ਬਣ ਜਾਂਦਾ ਹੈ ਇਕ ਪ੍ਰਭੂ ਦਾ ਆਸਰਾ ਛੱਡ ਕੇ) ਭਟਕ ਭਟਕ ਕੇ (ਮਾਇਕ ਪਦਾਰਥਾਂ ਦੇ ਪਿੱਛੇ) ਦਸੀਂ ਪਾਸੀਂ ਦੌੜਦਾ ਹੈ।
58438	1369	ਜੋ ਜੈਸੀ ਸੰਗਤਿ ਮਿਲੈ ਸੋ ਤੈਸੋ ਫਲੁ ਖਾਇ॥੮੬॥		Jo Jaisee Sangath Milai So Thaiso Fal Khaae ||86||	According to the company it keeps, so are the fruits it eats. ||86||	(ਤੇ ਇਹ ਕੁਦਰਤਿ ਦਾ ਨਿਯਮ ਹੀ ਹੈ ਕਿ) ਜੋ ਮਨੁੱਖ ਜਿਹੋ ਜਿਹੀ ਸੰਗਤ ਵਿਚ ਬੈਠਦਾ ਹੈ ਉਹੋ ਜਿਹਾ ਉਸ ਨੂੰ ਫਲ ਮਿਲਦਾ ਹੈ ॥੮੬॥

58439	1369	ਕਬੀਰ ਜਾ ਕਉ ਖੋਜਤੇ ਪਾਇਓ ਸੋਈ ਠਉਰੁ॥		Kabeer Jaa Ko Khojathae Paaeiou Soee Thour ||	Kabeer, you have found that place which you were seeking.	ਹੇ ਕਬੀਰ! (ਪ੍ਰਭੂ ਦੀ ਸਿਫ਼ਤ-ਸਾਲਾਹ ਕੀਤਿਆਂ, ਪ੍ਰਭੂ ਦੇ ਗੁਣ ਗਾਂਵਿਆਂ, ਗੁਣਾਂ ਦਾ ਅੰਤ ਤਾਂ ਨਹੀਂ ਪੈ ਸਕਦਾ; ਪਰ ਸਿਫ਼ਤ-ਸਾਲਾਹ ਦੀ ਸਹੈਤਾ ਨਾਲ) ਮੈਂ (ਪ੍ਰਭੂ ਦੇ ਚਰਨ-ਰੂਪ) ਜੇਹੜੀ ਥਾਂ ਭਾਲ ਰਿਹਾ ਸਾਂ, ਉਹੀ ਥਾਂ ਮੈਨੂੰ ਲੱਭ ਪਈ ਹੈ।
58440	1369	ਸੋਈ ਫਿਰਿ ਕੈ ਤੂ ਭਇਆ ਜਾ ਕਉ ਕਹਤਾ ਅਉਰੁ॥੮੭॥		Soee Fir Kai Thoo Bhaeiaa Jaa Ko Kehathaa Aour ||87||	You have become that which you thought was separate from yourself. ||87||	ਹੇ ਕਬੀਰ! ਜਿਸ (ਪ੍ਰਭੂ) ਨੂੰ ਤੂੰ ਪਹਿਲਾਂ 'ਕੋਈ ਹੋਰ' ਆਖਦਾ ਸੈਂ (ਜਿਸ ਨੂੰ ਤੂੰ ਪਹਿਲਾਂ ਆਪਣੇ ਨਾਲੋਂ ਵੱਖਰਾ ਸਮਝਦਾ ਸੈਂ) ਤੂੰ (ਸਿਫ਼ਤ ਸਾਲਾਹ ਦੀ ਬਰਕਤਿ ਨਾਲ) ਬਦਲ ਕੇ ਉਸੇ ਦਾ ਹੀ ਰੂਪ ਬਣ ਗਿਆ ਹੈਂ, (ਉਸੇ ਵਿਚ ਲੀਨ ਹੋ ਗਿਆ ਹੈਂ, ਉਸੇ ਨਾਲ ਇਕ-ਮਿਕ ਹੋ ਗਿਆ ਹੈਂ) ॥੮੭॥
58441	1369	ਕਬੀਰ ਮਾਰੀ ਮਰਉ ਕੁਸੰਗ ਕੀ ਕੇਲੇ ਨਿਕਟਿ ਜੁ ਬੇਰਿ॥		Kabeer Maaree Maro Kusang Kee Kaelae Nikatt J Baer ||	Kabeer, I have been ruined and destroyed by bad company, like the banana plant near the thorn bush.	ਹੇ ਕਬੀਰ! (ਜੇ ਤੂੰ ਪਰਮਾਤਮਾ ਦੀ ਸਿਫ਼ਤ-ਸਾਲਾਹ ਛੱਡ ਦਿੱਤੀ, ਤਾਂ ਸੁਤੇ ਹੀ ਉਹਨਾਂ ਦਾ ਸਾਥ ਕਰੇਂਗਾ ਜੋ ਪ੍ਰਭੂ ਨਾਲੋਂ ਟੁੱਟੇ ਹੋਏ ਹਨ; ਪਰ ਵੇਖ) ਰੱਬ ਨਾਲੋਂ ਟੁੱਟੇ ਬੰਦਿਆਂ ਦਾ ਸਾਥ ਕਦੇ ਭੀ ਨਾਹ ਕਰੀਂ। ਕੇਲੇ ਦੇ ਨੇੜੇ ਬੇਰੀ ਉੱਗੀ ਹੋਈ ਹੋਵੇ,

58442	1369	ਉਹ ਝੂਲੈ ਉਹ ਚੀਰੀਐ ਸਾਕਤ ਸੰਗੁ ਨ ਹੇਰਿ॥੮੮॥		Ouh Jhoolai Ouh Cheereeai Saakath Sang N Haer ||88||	The thorn bush waves in the wind, and pierces the banana plant; see this, and do not associate with the faithless cynics. ||88||	ਬੇਰੀ ਹਵਾ ਨਾਲ ਹੁਲਾਰੇ ਲੈਂਦੀ ਹੈ, ਕੇਲਾ (ਉਸ ਦੇ ਕੰਡਿਆਂ ਨਾਲ) ਚੀਰੀਦਾ ਹੈ; ਤਿਵੇਂ (ਹੇ ਕਬੀਰ!) ਭੈੜੀ ਸੁਹਬਤਿ ਵਿਚ ਬੈਠਿਆਂ ਵਿਕਾਰਾਂ ਦੇ ਅਸਰ ਹੇਠ ਤੇਰੀ ਜਿੰਦ ਆਤਮਕ ਮੌਤੇ ਮਰ ਜਾਇਗੀ ॥੮੮॥
58443	1369	ਕਬੀਰ ਭਾਰ ਪਰਾਈ ਸਿਰਿ ਚਰੈ ਚਲਿਓ ਚਾਹੈ ਬਾਟ॥	ਚਰੈ	Kabeer Bhaar Paraaee Sir Charai Chaliou Chaahai Baatt ||	Kabeer, the mortal wants to walk on the path, carrying the load of others' sins on his head.	ਹੇ ਕਬੀਰ! (ਕੁਸੰਗ ਦੇ ਕਾਰਨ ਇਸ ਦੇ ਸਿਰ ਉਤੇ ਪਰਾਈ (ਨਿੰਦਿਆ) ਦਾ ਭਾਰ ਚੜ੍ਹਦਾ ਜਾਂਦਾ ਹੈ (ਭਾਰ ਭੀ ਚੜ੍ਹੀ ਜਾਂਦਾ ਹੈ, ਫਿਰ ਭੀ ਮਨੁੱਖ ਇਸ ਨਿੰਦਿਆ ਦੇ) ਰਾਹੇ ਹੀ ਤੁਰਨਾ ਪਸੰਦ ਕਰਦਾ ਹੈ;
58444	1369	ਅਪਨੇ ਭਾਰਹਿ ਨਾ ਡਰੈ ਆਗੈ ਅਉਘਟ ਘਾਟ॥੮੯॥		Apanae Bhaarehi Naa Ddarai Aagai Aoughatt Ghaatt ||89||	He is not afraid of his own load of sins; the road ahead shall be difficult and treacherous. ||89||	ਮਨੁੱਖ ਦੇ ਸਾਹਮਣੇ ਇਕ ਡਾਢਾ ਔਖਾ ਰਸਤਾ ਹੈ, ਆਪਣੇ (ਕੀਤੇ ਹੋਰ ਮੰਦ-ਕਰਮਾਂ ਦੇ) ਭਾਰ ਦਾ ਤਾਂ ਇਸ ਨੂੰ ਚੇਤਾ ਹੀ ਨਹੀਂ ਆਉਂਦਾ ॥੮੯॥
58445	1369	ਕਬੀਰ ਬਨ ਕੀ ਦਾਧੀ ਲਾਕਰੀ ਠਾਢੀ ਕਰੈ ਪੁਕਾਰ॥	ਦੱਧੀ	Kabeer Ban Kee Dhaadhhee Laakaree Thaadtee Karai Pukaar ||	Kabeer, the forest is burning; the tree standing in it is crying out,	ਹੇ ਕਬੀਰ (ਜੇ ਤੂੰ ਧਿਆਨ ਨਾਲ ਸੁਣ ਕੇ ਸਮਝੇਂ ਤਾਂ) ਜੰਗਲ ਦੀ ਕੋਲਾ ਬਣੀ ਹੋਈ ਲੱਕੜੀ ਭੀ ਸਾਫ਼ ਤੌਰ ਤੇ ਪੁਕਾਰ ਕਰਦੀ (ਸੁਣੀਦੀ ਹੈ)

58446	1369	ਮਤਿ ਬਸਿ ਪਰਉ ਲੁਹਾਰ ਕੇ ਜਾਰੈ ਦੂਜੀ ਬਾਰ॥੯੦॥	ਬੱਸਿ	Math Bas Paro Luhaar Kae Jaarai Dhoojee Baar ||90||	"Do not let me fall into the hands of the blacksmith, who would burn me a second time."||90||	ਕਿ ਮੈਂ ਕਿਤੇ ਲੁਹਾਰ ਦੇ ਵੱਸ ਨਾ ਪੈ ਜਾਵਾਂ, ਉਹ ਤਾਂ ਮੈਨੂੰ ਦੂਜੀ ਵਾਰੀ ਸਾੜੇਗਾ ॥੯੦॥
58447	1369	ਕਬੀਰ ਏਕ ਮਰੰਤੇ ਦੁਇ ਮੂਏ ਦੋਇ ਮਰੰਤਹ ਚਾਰਿ॥		Kabeer Eaek Maranthae Dhue Mooeae Dhoe Marantheh Chaar ||	Kabeer, when one died, two were dead. When two died, four were dead.	ਹੇ ਕਬੀਰ! (ਪ੍ਰਭੂ ਦੇ ਗੁਣ ਗਾਂਵਿਆਂ ਗੁਣਾਂ ਦਾ ਅੰਤ ਤਾਂ ਨਹੀਂ ਪੈ ਸਕਦਾ, ਪਰ ਇਸ ਸਿਫ਼ਤ-ਸਾਲਾਹ ਦੀ ਬਰਕਤਿ ਨਾਲ 'ਮਨ' ਮਰ ਜਾਂਦਾ ਹੈ 'ਮਨ' ਵਿਕਾਰਾਂ ਵਲੋਂ ਹਟ ਜਾਂਦਾ ਹੈ) ਇਸ ਇੱਕ ਮਨ ਦੇ ਮਰਨ ਨਾਲ ਇਕ ਹੋਰ ਭੀ ਮਰਿਆ ਜਾਤਿ-ਅਭਿਮਾਨ, ਤੇ ਕੁਲ ਦੋ ਮਰ ਗਏ- ਮਨ ਅਤੇ ਜਾਤਿ-ਅਭਿਮਾਨ। ਫਿਰ ਦੋ ਹੋਰ ਮਰੇ-ਦੇਹ-ਅੱਧਿਆਸ ਅਤੇ ਤ੍ਰਿਸ਼ਨਾ; ਕੁੱਲ ਚਾਰ ਹੋ ਗਏ।
58448	1369	ਚਾਰਿ ਮਰੰਤਹ ਛਹ ਮੂਏ ਚਾਰਿ ਪੁਰਖ ਦੁਇ ਨਾਰਿ॥੯੧॥		Chaar Marantheh Shheh Mooeae Chaar Purakh Dhue Naar ||91||	When four died, six were dead, four males and two females. ||91||	ਦੋ ਹੋਰ ਮਰੇ-ਕੁਸੰਗ ਅਤੇ ਨਿੰਦਾ; ਤੇ ਇਹ ਸਾਰੇ ਛੇ ਹੋ ਗਏ, ਚਾਰ ਪੁਲਿੰਗ ('ਪੁਰਖ') ਅਤੇ ਦੋ ਇਸਤ੍ਰੀ-ਲਿੰਗ ('ਨਾਰਿ') ॥੯੧॥

58449	1369	ਕਬੀਰ ਦੇਖਿ ਦੇਖਿ ਜਗੁ ਢੂੰਢਿਆ ਕਹੂੰ ਨ ਪਾਇਆ ਠਉਰੁ॥		Kabeer Dhaekh Dhaekh Jag Dtoondtiaa Kehoon N Paaeiaa Thour ||	Kabeer, I have seen and observed, and searched all over the world, but I have found no place of rest anywhere.	ਹੇ ਕਬੀਰ! ਮੈਂ ਬੜੀ ਮੇਹਨਤਿ ਨਾਲ ਸਾਰਾ ਜਗਤ ਢੂੰਡ ਵੇਖਿਆ ਹੈ, ਕਿਤੇ ਵੀ ਅਜੇਹਾ ਥਾਂ ਨਹੀਂ ਲੱਭਾ (ਜਿਥੇ ਮਨ ਭਟਕਣੋਂ ਹਟ ਜਾਏ)।
58450	1369	ਜਿਨਿ ਹਰਿ ਕਾ ਨਾਮੁ ਨ ਚੇਤਿਓ ਕਹਾ ਭੁਲਾਨੇ ਅਉਰ॥੯੨॥		Jin Har Kaa Naam N Chaethiou Kehaa Bhulaanae Aour ||92||	Those who do not remember the Lord's Name - why do they delude themselves in other pursuits? ||92||	ਜਿਸ ਮਨੁੱਖ ਨੇ ਪਰਮਾਤਮਾ ਦਾ ਨਾਮ ਨਹੀਂ ਸਿਮਰਿਆ (ਉਸ ਨੂੰ ਕਿਤੇ ਭੀ ਮਨ ਦੀ ਸ਼ਾਂਤੀ ਦਾ ਥਾਂ ਨਹੀਂ ਲੱਭ ਸਕਿਆ; ਪ੍ਰਭੂ ਦਾ ਨਾਮ ਹੀ, ਜੋ ਸਤਸੰਗ ਵਿਚ ਮਿਲਦਾ ਹੈ, ਭਟਕਣ ਤੋਂ ਬਚਾਂਦਾ ਹੈ)। (ਸਿਫ਼ਤ-ਸਾਲਾਹ ਛੱਡ ਕੇ) ਕਿਉਂ ਹੋਰ ਹੋਰ ਥਾਂ ਭਟਕਦੇ ਫਿਰਦੇ ਹੋ? ॥੯੨॥
58451	1369	ਕਬੀਰ ਸੰਗਤਿ ਕਰੀਐ ਸਾਧ ਕੀ ਅੰਤਿ ਕਰੈ ਨਿਰਬਾਹੁ॥		Kabeer Sangath Kareeai Saadhh Kee Anth Karai Nirabaahu ||	Kabeer, associate with the Holy people, who will take you to Nirvaanaa in the end.	ਹੇ ਕਬੀਰ! (ਮਨ ਦੀ ਸ਼ਾਂਤੀ ਲਈ ਇਕੋ ਹੀ 'ਠੌਰ' ਹੈ, ਉਹ ਹੈ 'ਸਾਧ ਸੰਗਤ', ਸੋ) ਸਾਧ ਸੰਗਤ ਵਿਚ ਜੁੜਨਾ ਚਾਹੀਦਾ ਹੈ, ਸਾਧ ਸੰਗਤ ਵਾਲਾ ਸਾਥ ਤੋੜ ਨਿਭਦਾ ਹੈ;
58452	1369	ਸਾਕਤ ਸੰਗੁ ਨ ਕੀਜੀਐ ਜਾ ਤੇ ਹੋਇ ਬਿਨਾਹੁ॥੯੩॥		Saakath Sang N Keejeeai Jaa Thae Hoe Binaahu ||93||	Do not associate with the faithless cynics; they would bring you to ruin. ||93||	ਰੱਬ ਨਾਲੋਂ ਟੁੱਟੇ ਬੰਦਿਆਂ ਦੀ ਸੁਹਬਤਿ ਨਹੀਂ ਕਰਨੀ ਚਾਹੀਦੀ, ਇਸ ਤੋਂ ਆਤਮਕ ਮੌਤ (ਹੋਣ ਦਾ ਡਰ) ਹੈ ॥੯੩॥

58453	1369	ਕਬੀਰ ਜਗ ਮਹਿ ਚੇਤਿਓ ਜਾਨਿ ਕੈ ਜਗ ਮਹਿ ਰਹਿਓ ਸਮਾਇ॥		Kabeer Jag Mehi Chaethiou Jaan Kai Jag Mehi Rehiou Samaae ||	Kabeer, I contemplate the Lord in the world; I know that He is permeating the world.	ਹੇ ਕਬੀਰ! (ਮਨ ਵਾਸਤੇ ਸ਼ਾਂਤੀ ਦੀ 'ਠੌਰ' ਪ੍ਰਭੂ ਦਾ ਨਾਮ ਹੀ ਹੈ, ਸੋ) ਜਿਨ੍ਹਾਂ ਨੇ ਜਗਤ ਵਿਚ ਜਨਮ ਲੈ ਕੇ ਉਸ ਪ੍ਰਭੂ ਨੂੰ, ਇਉਂ ਪਛਾਣ ਕੇ ਕਿ ਉਹ ਸਾਰੇ ਜਗਤ ਵਿਚ ਵਿਆਪਕ ਹੈ, ਸਿਮਰਿਆ ਹੈ (ਉਹਨਾਂ ਨੂੰ ਹੀ ਜਗਤ ਵਿਚ ਜੰਮੇ ਸਮਝੋ, ਉਹਨਾਂ ਦਾ ਹੀ ਜੰਮਣਾ ਸਫਲ ਹੈ, ਉਹੀ ਹਨ ਸਾਧ, ਤੇ ਉਹਨਾਂ ਦੀ ਸੰਗਤ ਹੀ ਸਾਧ-ਸੰਗਤ ਹੈ)।
58454	1369	ਜਿਨ ਹਰਿ ਕਾ ਨਾਮੁ ਨ ਚੇਤਿਓ ਬਾਦਹਿ ਜਨਮੇਂ ਆਇ॥੯੪॥		Jin Har Kaa Naam N Chaethiou Baadhehi Janamaen Aae ||94||	Those who do not contemplate the Name of the Lord - their birth into this world is useless. ||94||	ਜਿਨ੍ਹਾਂ ਨੇ ਪਰਮਾਤਮਾ ਦਾ ਨਾਮ ਨਹੀਂ ਸਿਮਰਿਆ, ਉਹ ਵਿਅਰਥ ਹੀ ਜੰਮੇ ॥੯੪॥
58455	1369	ਕਬੀਰ ਆਸਾ ਕਰੀਐ ਰਾਮ ਕੀ ਅਵਰੈ ਆਸ ਨਿਰਾਸ॥		Kabeer Aasaa Kareeai Raam Kee Avarai Aas Niraas ||	Kabeer, place your hopes in the Lord; other hopes lead to despair.	ਹੇ ਕਬੀਰ! (ਜੇ ਮਨ ਵਾਸਤੇ ਸ਼ਾਂਤੀ ਦੀ 'ਠੌਰ' ਚਾਹੀਦੀ ਹੈ ਤਾਂ 'ਸਾਧ ਸੰਗਤ' ਵਿਚ ਜੁੜ ਕੇ) ਇਕ ਪਰਮਾਤਮਾ ਉਤੇ ਡੋਰੀ ਰੱਖਣੀ ਚਾਹੀਦੀ ਹੈ, ਹੋਰ ਆਸਾਂ ਛੱਡ ਦੇਣੀਆਂ ਚਾਹੀਦੀਆਂ ਹਨ।

58456	1369	ਨਰਕਿ ਪਰਹਿ ਤੇ ਮਾਨਈ ਜੋ ਹਰਿ ਨਾਮ ਉਦਾਸ॥੯੫॥	ਮਨੁੱਖ। ਮਾ–ਨਈ	Narak Parehi Thae Maanee Jo Har Naam Oudhaas ||95||	Those who dissociate themselves from the Lord's Name - when they fall into hell, then they will appreciate its value. ||95||	ਜੋ ਮਨੁੱਖ ਪਰਮਾਤਮਾ ਦੀ ਯਾਦ ਵਲੋਂ ਮੂੰਹ ਮੋੜ ਲੈਂਦੇ ਹਨ ਉਹ ਨਰਕ ਵਿਚ ਪਏ ਰਹਿੰਦੇ ਹਨ (ਸਦਾ ਦੁਖੀ ਰਹਿੰਦੇ ਹਨ) ॥੯੫॥
58457	1369	ਕਬੀਰ ਸਿਖ ਸਾਖਾ ਬਹੁਤੇ ਕੀਏ ਕੇਸੋ ਕੀਓ ਨ ਮੀਤੁ॥	ਸਿੱਖ। ਸਾਖਾ: ਪੋਲਾ ਬੋਲੋ	Kabeer Sikh Saakhaa Bahuthae Keeeae Kaeso Keeou N Meeth ||	Kabeer has made many students and disciples, but he has not made God his friend.	ਹੇ ਕਬੀਰ! ਜਿਨ੍ਹਾਂ ਨੇ ਪਰਮਾਤਮਾ ਨੂੰ ਮਿਤ੍ਰ ਨਾਹ ਬਣਾਇਆ (ਪਰਮਾਤਮਾ ਨਾਲ ਸਾਂਝ ਨਾਹ ਬਣਾਈ, ਤੇ) ਕਈ ਚੇਲੇ-ਚਾਟੜੇ ਬਣਾ ਲਏ,
58458	1369	ਚਾਲੇ ਥੇ ਹਰਿ ਮਿਲਨ ਕਉ ਬੀਚੈ ਅਟਕਿਓ ਚੀਤੁ॥੯੬॥		Chaalae Thhae Har Milan Ko Beechai Attakiou Cheeth ||96||	He set out on a journey to meet the Lord, but his consciousness failed him half-way. ||96||	(ਉਹਨਾਂ ਨੇ ਪਹਿਲਾਂ ਤਾਂ ਭਾਵੇਂ) ਪਰਮਾਤਮਾ ਨੂੰ ਮਿਲਣ ਲਈ ਉੱਦਮ ਕੀਤਾ ਸੀ, ਪਰ ਉਹਨਾਂ ਦਾ ਮਨ ਰਾਹ ਵਿਚ ਹੀ ਅਟਕ ਗਿਆ (ਚੇਲਿਆਂ-ਚਾਟੜਿਆਂ ਤੋਂ ਸੇਵਾ-ਪੂਜਾ ਕਰਾਣ ਵਿਚ ਹੀ ਉਹ ਰੁਝ ਗਏ, ਪ੍ਰਭੂ ਦਾ ਸਿਮਰਨ ਭੁਲਾ ਬੈਠੇ ਤੇ ਮਨ ਦੀ ਸ਼ਾਂਤੀ ਦੀ 'ਠੌਰ' ਨਸੀਬ ਨਾਹ ਹੋਈ) ॥੯੬॥

58459	1369	ਕਬੀਰ ਕਾਰਨੁ ਬਪੁਰਾ ਕਿਆ ਕਰੈ ਜਉ ਰਾਮੁ ਨ ਕਰੈ ਸਹਾਇ॥		Kabeer Kaaran Bapuraa Kiaa Karai Jo Raam N Karai Sehaae ||	Kabeer, what can the poor creature do, if the Lord does not give him assistance?	ਹੇ ਕਬੀਰ! (ਇਹ ਤਾਂ ਠੀਕ ਹੈ ਕਿ ਮਨ ਦੀ ਸ਼ਾਂਤੀ ਦਾ 'ਠੌਰ' ਸਾਧ ਸੰਗਤ ਹੀ ਹੈ, ਪ੍ਰਭੂ ਦੇ ਚਰਨਾਂ ਵਿਚ ਟਿਕੇ ਰਹਿਣ ਲਈ 'ਸੰਗਤ ਕਰੀਐ ਸਾਧ ਕੀ' ਸਾਧ ਸੰਗਤ ਹੀ ਇਕੋ-ਇਕ ਵਸੀਲਾ ਹੈ; ਪਰ) ਜੇ ਪਰਮਾਤਮਾ ਆਪ ਸਹੈਤਾ ਨਾਹ ਕਰੇ (ਜੇ 'ਸਾਧ' ਦੇ ਅੰਦਰ ਪਰਮਾਤਮਾ ਆਪ ਨ ਆ ਵਸੇ, ਜੇ 'ਸਾਧ' ਖ਼ੁਦਿ ਪ੍ਰਭੂ-ਚਰਨਾਂ ਵਿਚ ਨਾਹ ਜੁੜਿਆ ਹੋਵੇ) ਤਾਂ ਇਹ ਵਸੀਲਾ ਕਮਜ਼ੋਰ ਹੋ ਜਾਣ ਦੇ ਕਾਰਨ ਕੋਈ ਲਾਭ ਨਹੀਂ ਪੁਚਾਂਦਾ।
58460	1369	ਜਿਹ ਜਿਹ ਡਾਲੀ ਪਗੁ ਧਰਉ ਸੋਈ ਮੁਰਿ ਮੁਰਿ ਜਾਇ॥੯੭॥		Jih Jih Ddaalee Pag Dhharo Soee Mur Mur Jaae ||97||	Whatever branch he steps on breaks and collapses. ||97||	(ਇਨਸਾਨੀ ਉੱਚ ਜੀਵਨ-ਰੂਪ ਰੁੱਖ ਦੀ ਚੋਟੀ ਤੇ ਅਪੜਾਣ ਲਈ 'ਸਾਧ', ਮਾਨੋ, ਡਾਲੀਆਂ ਹਨ, ਪਰ ਭੇਖੀ ਤੇ ਚੇਲੇ-ਚਾਟੜੇ ਹੀ ਬਨਾਣ ਵਾਲੇ 'ਸਾਧ' ਕਮਜ਼ੋਰ ਟਹਿਣੀਆਂ ਹਨ) ਮੈਂ ਤਾਂ (ਅਜੇਹੀ) ਜਿਸ ਜਿਸ ਡਾਲੀ ਉੱਤੇ ਪੈਰ ਧਰਦਾ ਹਾਂ ਉਹ (ਸੁਆਰਥ ਵਿਚ ਕਮਜ਼ੋਰ ਹੋਣ ਕਰਕੇ) ਟੁੱਟਦੀ ਜਾ ਰਹੀ ਹੈ ॥੯੭॥

58461	1369	ਕਬੀਰ ਅਵਰਹ ਕਉ ਉਪਦੇਸਤੇ ਮੁਖ ਮੈ ਪਰਿ ਹੈ ਰੇਤੁ॥	ਅਵ-ਰਹ	Kabeer Avareh Ko Oupadhaesathae Mukh Mai Par Hai Raeth ||	Kabeer, those who only preach to others - sand falls into their mouths.	ਹੇ ਕਬੀਰ! ਜੋ ('ਸਾਧ' ਨਿਰਾ) ਹੋਰਨਾਂ ਨੂੰ ਮੱਤਾਂ ਦੇਂਦੇ ਹਨ, ਪਰ ਉਹਨਾਂ ਦੇ ਆਪਣੇ ਅੰਦਰ ਕੋਈ ਰਸ ਨਹੀਂ ਆਉਂਦਾ।
58462	1369	ਰਾਸਿ ਬਿਰਾਨੀ ਰਾਖਤੇ ਖਾਯਾ ਘਰ ਕਾ ਖੇਤੁ॥੯੮॥	ਯ: ਤਾਲੂ ਤੋਂ ਬੋਲ ਖਾ-ਯਾ	Raas Biraanee Raakhathae Khaayaa Ghar Kaa Khaeth ||98||	They keep their eyes on the property of others, while their own farm is being eaten up. ||98||	ਅਜੇਹੇ ('ਸਾਧ') ਹੋਰਨਾਂ ਦੀ ਰਾਸ-ਪੂੰਜੀ ਦੀ ਤਾਂ ਰਾਖੀ ਕਰਨ ਦਾ ਜਤਨ ਕਰਦੇ ਹਨ, ਪਰ ਆਪਣੇ ਪਿਛਲੇ ਸਾਰੇ ਗੁਣ ਮੁਕਾ ਲੈਂਦੇ ਹਨ (ਅਜੇਹੇ 'ਸਾਧ' ਭੀ ਕਮਜ਼ੋਰ ਡਾਲੀਆਂ ਹਨ, ਮਨੁੱਖਤਾ ਦੀ ਚੋਟੀ ਉਤੇ ਇਹ ਭੀ ਅਪੜਾ ਨਹੀਂ ਸਕਦੇ) ॥੯੮॥
58463	1369	ਕਬੀਰ ਸਾਧੂ ਕੀ ਸੰਗਤਿ ਰਹਉ ਜਉ ਕੀ ਭੂਸੀ ਖਾਉ॥		Kabeer Saadhhoo Kee Sangath Reho Jo Kee Bhoosee Khaao ||	Kabeer, I will remain in the Saadh Sangat, the Company of the Holy, even if I have only coarse bread to eat.	ਹੇ ਕਬੀਰ! (ਆਖ-ਮੇਰੀ ਤਾਂ ਇਹ ਤਾਂਘ ਹੈ ਕਿ) ਮੈਂ ਗੁਰਮੁਖਾਂ ਦੀ ਸੰਗਤ ਵਿਚ ਟਿਕਿਆ ਰਹਾਂ (ਚਾਹੇ ਮੇਰੀ ਕਿਰਤ-ਕਮਾਈ ਬਹੁਤ ਹੀ ਘਟ ਜਾਏ) ਤੇ ਮੈਂ ਜੌਂ ਦੇ ਛਿੱਲੜ ਖਾ ਕੇ ਗੁਜ਼ਾਰਾ ਕਰਾਂ।
58464	1369	ਹੋਨਹਾਰੁ ਸੋ ਹੋਇਹੈ ਸਾਕਤ ਸੰਗਿ ਨ ਜਾਉ॥੯੯॥		Honehaar So Hoeihai Saakath Sang N Jaao ||99||	Whatever will be, will be. I will not associate with the faithless cynics. ||99||	(ਸਾਧ ਸੰਗਤ ਵਿਚ ਸਮਾਂ ਦੇਣ ਕਰਕੇ ਗ਼ਰੀਬੀ ਆਦਿਕ) ਜੇਹੜਾ ਕਸ਼ਟ ਭੀ ਆਵੇ ਪਿਆ ਆਵੇ। ਪਰ ਮੈਂ ਰੱਬ ਤੋਂ ਟੁੱਟੇ ਹੋਏ ਬੰਦਿਆਂ ਦੀ ਸੁਹਬਤਿ ਵਿਚ ਨਾਹ ਜਾਵਾਂ ॥੯੯॥

58465	1369	ਕਬੀਰ ਸੰਗਤਿ ਸਾਧ ਕੀ ਦਿਨ ਦਿਨ ਦੂਨਾ ਹੇਤੁ॥		Kabeer Sangath Saadhh Kee Dhin Dhin Dhoonaa Haeth ||	Kabeer, in the Saadh Sangat, love for the Lord doubles day by day.	ਹੇ ਕਬੀਰ! ਗੁਰਮੁਖਾਂ ਦੀ ਸੰਗਤ ਵਿਚ ਰਿਹਾਂ ਦਿਨੋ ਦਿਨ ਪਰਮਾਤਮਾ ਨਾਲ ਪਿਆਰ ਵਧਦਾ ਹੀ ਵਧਦਾ ਹੈ।
58466	1369	ਸਾਕਤ ਕਾਰੀ ਕਾਂਬਰੀ ਧੋਏ ਹੋਇ ਨ ਸੇਤੁ॥੧੦੦॥		Saakath Kaaree Kaanbaree Dhhoeae Hoe N Saeth ||100||	The faithless cynic is like a black blanket, which does not become white by being washed. ||100||	ਪਰ ਰੱਬ ਨਾਲੋਂ ਟੁੱਟਾ ਹੋਇਆ ਮਨੁੱਖ, ਮਾਨੋ, ਕਾਲੀ ਕੰਬਲੀ ਹੈ ਜੋ ਧੋਤਿਆਂ ਭੀ ਕਦੇ ਚਿੱਟੀ ਨਹੀਂ ਹੁੰਦੀ। ਉਸ ਦੀ ਸੁਹਬਤਿ ਵਿਚ ਟਿਕਿਆਂ ਮਨ ਦੀ ਪਵਿਤ੍ਰਤਾ ਨਹੀਂ ਮਿਲ ਸਕਦੀ ॥੧੦੦॥
58467	1369	ਕਬੀਰ ਮਨੁ ਮੂੰਡਿਆ ਨਹੀ ਕੇਸ ਮੁੰਡਾਏ ਕਾਂਇ॥		Kabeer Man Moonddiaa Nehee Kaes Munddaaeae Kaane ||	Kabeer, you have not shaved your mind, so why do you shave your head?	ਹੇ ਕਬੀਰ! (ਇਹ ਜੋ ਸਿਰ ਮੁਨਾ ਕੇ ਆਪਣੇ ਆਪ ਨੂੰ 'ਸਾਧ' ਸਮਝਦਾ ਫਿਰਦਾ ਹੈ, ਇਸ ਨੇ) ਆਪਣਾ ਮਨ ਨਹੀਂ ਮੁੰਨਿਆ (ਮਨ ਉਤੋਂ ਵਿਕਾਰਾਂ ਦੀ ਮੈਲ ਨਹੀਂ ਦੂਰ ਕੀਤੀ) ਸਿਰ ਦੇ ਕੇਸ ਮੁਨਾਇਆਂ ਤਾਂ ਇਹ 'ਸਾਧੂ' ਨਹੀਂ ਬਣ ਗਿਆ।
58468	1369	ਜੋ ਕਿਛੁ ਕੀਆ ਸੋ ਮਨ ਕੀਆ ਮੂੰਡਾ ਮੂੰਡੁ ਅਜਾਂਇ॥੧੦੧॥		Jo Kishh Keeaa So Man Keeaa Moonddaa Moondd Ajaane ||101||	Whatever is done, is done by the mind; it is useless to shave your head. ||101||	ਜਿਸ ਭੀ ਮੰਦੇ ਕਰਮ ਦੀ ਪ੍ਰੇਰਨਾ ਕਰਦਾ ਹੈ ਮਨ ਹੀ ਕਰਦਾ ਹੈ (ਜੇ 'ਸਾਧੂ' ਬਣਨ ਦੀ ਖ਼ਾਤਰ ਹੀ ਸਿਰ ਮੁਨਾਇਆ ਹੈ ਤਾਂ) ਸਿਰ ਮੁਨਾਉਣਾ ਵਿਅਰਥ ਹੈ ॥੧੦੧॥

58469	1369	ਕਬੀਰ ਰਾਮੁ ਨ ਛੋਡੀਐ ਤਨੁ ਧਨੁ ਜਾਇ ਤ ਜਾਉ॥		Kabeer Raam N Shhoddeeai Than Dhhan Jaae Th Jaao ||	Kabeer, do not abandon the Lord; your body and wealth shall go, so let them go.	ਹੇ ਕਬੀਰ! ਪਰਮਾਤਮਾ ਦਾ ਨਾਮ ਕਦੇ ਨਾਹ ਭੁਲਾਈਏ, (ਜੇ ਨਾਮ ਸਿਮਰਦਿਆਂ ਅਸਾਡਾ) ਸਰੀਰ ਤੇ ਧਨ ਨਾਸ ਹੋਣ ਲੱਗੇ ਤਾਂ ਬੇਸ਼ੱਕ ਨਾਸ ਹੋ ਜਾਏ।
58470	1369	ਚਰਨਕਮਲ ਚਿਤੁ ਬੇਧਿਆ ਰਾਮਹਿ ਨਾਮਿ ਸਮਾਉ॥੧੦੨॥		Charan Kamal Chith Baedhhiaa Raamehi Naam Samaao ||102||	My consciousness is pierced by the Lord's Lotus Feet; I am absorbed in the Name of the Lord. ||102||	ਪਰ ਅਸਾਡਾ ਚਿੱਤ ਪ੍ਰਭੂ ਦੇ ਸੋਹਣੇ ਚਰਨਾਂ ਵਿਚ ਜ਼ਰੂਰ ਵਿੱਝਿਆ ਰਹੇ, ਪਰਮਾਤਮਾ ਦੇ ਨਾਮ ਵਿਚ ਜ਼ਰੂਰ ਸਮਾਇਆ ਰਹੇ ॥੧੦੨॥
58471	1369	ਕਬੀਰ ਜੋ ਹਮ ਜੰਤੁ ਬਜਾਵਤੇ ਟੂਟਿ ਗਈਂ ਸਭ ਤਾਰ॥		Kabeer Jo Ham Janth Bajaavathae Ttoott Geen Sabh Thaar ||	Kabeer, all the strings of the instrument I played are broken.	('ਤਨੁ ਧਨ' ਜਾਣ ਤੇ ਭੀ ਜੇ ਮੇਰਾ ਮਨ 'ਰਾਮਹਿ ਨਾਮਿ' ਸਮਾਇਆ ਰਹੇ, ਤਾਂ ਇਹ ਸੌਦਾ ਬੜਾ ਸਸਤਾ ਹੈ, ਕਿਉਂਕਿ) ਹੇ ਕਬੀਰ! (ਪਰਮਾਤਮਾ ਦੇ ਨਾਮ ਤੋਂ ਖੁੰਝ ਕੇ) ਸਰੀਰਕ ਮੋਹ ਦਾ ਜੇਹੜਾ ਵਾਜਾ ਮੈਂ ਸਦਾ ਵਜਾਂਦਾ ਰਹਿੰਦਾ ਸਾਂ (ਹੁਣ ਨਾਮ ਸਿਮਰਨ ਦੀ ਬਰਕਤਿ ਨਾਲ) ਉਸ ਦੀਆਂ (ਮੋਹ ਦੀਆਂ) ਸਾਰੀਆਂ ਤਾਰਾਂ ਟੁੱਟ ਗਈਆਂ ਹਨ।

58472	1369	ਜੰਤੁ ਬਿਚਾਰਾ ਕਿਆ ਕਰੈ ਚਲੇ ਬਜਾਵਨਹਾਰ॥੧੦੩॥		Janth Bichaaraa Kiaa Karai Chalae Bajaavanehaar ||103||	What can the poor instrument do, when the player has departed as well. ||103||	(ਦੇਹ-ਅੱਧਿਆਸ ਦਾ ਇਹ) ਵਿਚਾਰਾ ਵਾਜਾ (ਹੁਣ) ਕੀਹ ਕਰ ਸਕਦਾ ਹੈ? ਭਾਵ, ਨਾਮ ਦੀ ਬਰਕਤਿ ਨਾਲ ਸਰੀਰਕ ਮੋਹ ਮਾਤ ਪੈ ਗਿਆ ਹੈ। (ਸਰੀਰਕ ਮੋਹ ਤਾਂ ਕਿਤੇ ਰਿਹਾ) ਉਹ ਮਨ ਹੀ ਨਹੀਂ ਰਿਹਾ ਜੋ ਸਰੀਰਕ ਮੋਹ ਦਾ ਵਾਜਾ ਵਜਾ ਰਿਹਾ ਸੀ ॥੧੦੩॥
58473	1369	ਕਬੀਰ ਮਾਇ ਮੂੰਡਉ ਤਿਹ ਗੁਰੂ ਕੀ ਜਾ ਤੇ ਭਰਮੁ ਨ ਜਾਇ॥		Kabeer Maae Moonddo Thih Guroo Kee Jaa Thae Bharam N Jaae ||	Kabeer, shave the mother of that guru, who does not take away one's doubt.	(ਇਹ ਪੰਡਿਤ ਮੈਨੂੰ ਪਰਮਾਤਮਾ ਦੇ ਨਾਮ ਵਿਚ ਜੁੜਨ ਤੋਂ ਹੋੜਦਾ ਹੈ ਤੇ ਆਪਣੇ ਵੇਦ ਆਦਿਕ ਕਰਮ ਪੁਸਤਕਾਂ ਦੇ ਕਰਮ-ਕਾਂਡ ਦਾ ਢੋਲ ਵਜਾ ਕੇ ਮੇਰਾ ਗੁਰੂ-ਪੁਰੋਹਤ ਬਣਨਾ ਚਾਹੁੰਦਾ ਹੈ; ਪਰ) ਹੇ ਕਬੀਰ! ਮੈਂ ਅਜੇਹੇ ਗੁਰੂ ਦੀ ਮਾਂ ਦਾ ਸਿਰ ਮੁੰਨ ਦਿਆਂ, ਇਸ ਦੇ ਰਾਹ ਤੇ ਤੁਰਿਆਂ (ਸਰੀਰਕ ਮੋਹ ਦੀ) ਭਟਕਣਾ ਦੂਰ ਨਹੀਂ ਹੋ ਸਕਦੀ।

58474	1370	ਆਪ ਡੁਬੇ ਚਹੁ ਬੇਦ ਮਹਿ ਚੇਲੇ ਦੀਏ ਬਹਾਇ॥੧੦੪॥	ਡੁੱਬੇ	Aap Ddubae Chahu Baedh Mehi Chaelae Dheeeae Behaae ||104||	He himself is drowning in the four Vedas; he drowns his disciples as well. ||104||	ਇਹ ਲੋਕ ਆਪ ਭੀ ਚਹੁੰਆਂ ਵੇਦਾਂ (ਦੇ ਕਰਮ-ਕਾਂਡ) ਵਿਚ ਪੈ ਕੇ (ਦੇਹ-ਅੱਧਿਆਸ ਦੇ ਡੂੰਘੇ ਪਾਣੀਆਂ ਵਿਚ) ਡੁੱਬੇ ਹੋਏ ਹਨ, ਜੋ ਜੋ ਬੰਦੇ ਇਹਨਾਂ ਦੇ ਪਿੱਛੇ ਲੱਗਦੇ ਹਨ ਉਹਨਾਂ ਨੂੰ ਭੀ ਇਹਨਾਂ ਉਸੇ ਮੋਹ ਵਿਚ ਰੋੜ੍ਹ ਦਿੱਤਾ ਹੈ ॥੧੦੪॥
58475	1370	ਕਬੀਰ ਜੇਤੇ ਪਾਪ ਕੀਏ ਰਾਖੇ ਤਲੈ ਦੁਰਾਇ॥		Kabeer Jaethae Paap Keeeae Raakhae Thalai Dhuraae ||	Kabeer, whatever sins the mortal has committed, he tries to keep hidden under cover.	(ਪਰਮਾਤਮਾ ਦੀ ਯਾਦ ਭੁਲਾਇਆਂ ਮਨੁੱਖ ਸਰੀਰਕ ਮੋਹ ਦੇ ਵਹਿਣ ਵਿਚ ਪੈ ਕੇ ਵਿਕਾਰਾਂ ਵਾਲੇ ਰਾਹੇ ਪੈ ਜਾਂਦਾ ਹੈ; ਤਿਲਕ, ਮਾਲਾ, ਪੂਜਾ, ਧੋਤੀ ਆਦਿਕ ਧਰਮ-ਭੇਖ ਨਾਲ ਲੋਕ ਸ਼ਾਇਦ ਪਤੀਜ ਜਾਣ ਕਿ ਇਹ ਭਗਤ ਹਨ; ਪਰ ਪ੍ਰਭੂ ਦੇ ਨਾਮ ਤੋਂ ਖੁੰਝ ਕੇ) ਹੇ ਕਬੀਰ! ਜੋ ਜੋ ਪਾਪ ਕੀਤੇ ਜਾਂਦੇ ਹਨ (ਭਾਵੇਂ ਉਹ ਪਾਪ) ਆਪਣੇ ਅੰਦਰ ਲੁਕਾ ਕੇ ਰੱਖੇ ਜਾਂਦੇ ਹਨ,

58476	1370	ਪਰਗਟ ਭਏ ਨਿਦਾਨ ਸਭ ਜਬ ਪੂਛੇ ਧਰਮਰਾਇ॥੧੦੫॥		Paragatt Bheae Nidhaan Sabh Jab Pooshhae Dhharam Raae ||105||	But in the end, they shall all be revealed, when the Righteous Judge of Dharma investigates. ||105||	ਫਿਰ ਭੀ ਜਦੋਂ ਧਰਮਰਾਜ ਪੁੱਛਦਾ ਹੈ ਉਹ ਪਾਪ ਆਖ਼ਰ ਸਾਰੇ ਉੱਘੜ ਆਉਂਦੇ ਹਨ (ਭਾਵ, ਵੇਦ ਆਦਿਕਾਂ ਦਾ ਕਰਮ-ਕਾਂਡ ਵਿਕਾਰਾਂ ਤੋਂ ਨਹੀਂ ਬਚਾ ਸਕਦਾ, ਬਾਹਰਲੇ ਧਰਮ-ਭੇਖ ਨਾਲ ਲੋਕ ਤਾਂ ਭਾਵੇਂ ਪਤੀਜ ਜਾਣ, ਪਰ ਅੰਦਰਲੇ ਪਾਪ ਪਰਮਾਤਮਾ ਤੋਂ ਲੁਕੇ ਨਹੀਂ ਰਹਿ ਸਕਦੇ) ॥੧੦੫॥
58477	1370	ਕਬੀਰ ਹਰਿ ਕਾ ਸਿਮਰਨੁ ਛਾਡਿ ਕੈ ਪਾਲਿਓ ਬਹੁਤੁ ਕੁਟੰਬੁ॥		Kabeer Har Kaa Simaran Shhaadd Kai Paaliou Bahuth Kuttanb ||	Kabeer, you have given up meditating on the Lord, and you have raised a large family.	ਹੇ ਕਬੀਰ! ਪਰਮਾਤਮਾ ਦਾ ਸਿਮਰਨ ਛੱਡਣ ਦਾ ਹੀ ਇਹ ਨਤੀਜਾ ਹੈ ਕਿ ਮਨੁੱਖ ਸਾਰੀ ਉਮਰ ਨਿਰਾ ਟੱਬਰ ਹੀ ਪਾਲਦਾ ਰਹਿੰਦਾ ਹੈ,
58478	1370	ਧੰਧਾ ਕਰਤਾ ਰਹਿ ਗਇਆ ਭਾਈ ਰਹਿਆ ਨ ਬੰਧੁ॥੧੦੬॥	ਗ-ਇਆ	Dhhandhhaa Karathaa Rehi Gaeiaa Bhaaee Rehiaa N Bandhh ||106||	You continue to involve yourself in worldly affairs, but none of your brothers and relatives remain. ||106||	(ਟੱਬਰ ਦੀ ਖ਼ਾਤਰ) ਜਗਤ ਦੇ ਧੰਧੇ ਕਰਦਾ (ਤੇ, ਜਿੰਦ ਦੇ ਸਾਥੀ ਪਰਮਾਤਮਾ ਤੋਂ ਵਿਛੜਿਆ ਰਹਿ ਕੇ) ਆਖ਼ਰ ਆਤਮਕ ਮੌਤੇ ਮਰ ਜਾਂਦਾ ਹੈ (ਇਸ ਆਤਮਕ ਮੌਤ ਤੋਂ) ਕੋਈ ਰਿਸ਼ਤੇਦਾਰ ਬਚਾਣ-ਜੋਗਾ ਨਹੀਂ ਹੁੰਦਾ ॥੧੦੬॥

58479	1370	ਕਬੀਰ ਹਰਿ ਕਾ ਸਿਮਰਨੁ ਛਾਡਿ ਕੈ ਰਾਤਿ ਜਗਾਵਨ ਜਾਇ॥		Kabeer Har Kaa Simaran Shhaadd Kai Raath Jagaavan Jaae ||	Kabeer, those who give up meditation on the Lord, and get up at night to wake the spirits of the dead,	ਹੇ ਕਬੀਰ! ਪਰਮਾਤਮਾ ਦੇ ਸਿਮਰਨ ਤੋਂ ਵਾਂਜੀ ਰਹਿਣ ਕਰਕੇ ਹੀ, (ਕੋਈ ਔਤਰੀ ਜਾਹਲ ਜ਼ਨਾਨੀ) ਰਾਤ ਨੂੰ ਮਸਾਣ ਜਗਾਣ ਲਈ (ਮਸਾਣ-ਭੂਮੀ ਵਿਚ) ਜਾਂਦੀ ਹੈ।
58480	1370	ਸਰਪਨਿ ਹੋਇ ਕੈ ਅਉਤਰੈ ਜਾਏ ਅਪੁਨੇ ਖਾਇ॥੧੦੭॥	ਅਉਤਰੈ: ਪੋਲਾ ਬੋਲੋ	Sarapan Hoe Kai Aoutharai Jaaeae Apunae Khaae ||107||	Shall be reincarnated as snakes, and eat their own offspring. ||107||	(ਪਰ ਮੰਦੇ ਕੰਮਾਂ ਤੋਂ ਸੁਖ ਕਿੱਥੇ? ਅਜੇਹੀ ਤ੍ਰੀਮਤ ਮਨੁੱਖਾ ਜਨਮ ਹੱਥੋਂ ਗਵਾਣ ਪਿਛੋਂ) ਸੱਪਣੀ ਬਣ ਕੇ ਜੰਮਦੀ ਹੈ, ਤੇ ਆਪਣੇ ਹੀ ਬੱਚੇ ਖਾਂਦੀ ਹੈ ॥੧੦੭॥
58481	1370	ਕਬੀਰ ਹਰਿ ਕਾ ਸਿਮਰਨੁ ਛਾਡਿ ਕੈ ਅਹੋਈ ਰਾਖੈ ਨਾਰਿ॥	(ਅਹੋਈ) ਅਨਹੋਈ, ਅਹੋਈ ਦਾ ਵਰਤ	Kabeer Har Kaa Simaran Shhaadd Kai Ahoee Raakhai Naar ||	Kabeer, the woman who gives up meditation on the Lord, and observes the ritual fast of Ahoi,	ਹੇ ਕਬੀਰ! ("ਰਾਮੁ ਨ ਛੋਡੀਐ, ਤਨੁ ਧਨੁ ਜਾਇ ਤ ਜਾਉ" ਨਹੀਂ ਤਾਂ) ਰਾਮ-ਨਾਮ ਛੱਡਣ ਦਾ ਹੀ ਇਹ ਨਤੀਜਾ ਹੈ ਕਿ (ਮੂਰਖ) ਇਸਤ੍ਰੀ ਸੀਤਲਾ ਦੀ ਵਰਤ ਰੱਖਦੀ ਫਿਰਦੀ ਹੈ।

58482	1370	ਗਦਹੀ ਹੋਇ ਕੈ ਅਉਤਰੈ ਭਾਰੁ ਸਹੈ ਮਨ ਚਾਰਿ॥੧੦੮॥	ਗਦ-ਹੀ	Gadhehee Hoe Kai Aoutharai Bhaar Sehai Man Chaar ||108||	Shall be reincarnated as a donkey, to carry heavy burdens. ||108||	(ਤੇ, ਜੇ ਭਲਾ ਸੀਤਲਾ ਉਸ ਨਾਲ ਬੜਾ ਹੀ ਪਿਆਰ ਕਰੇਗੀ ਤਾਂ ਉਸ ਨੂੰ ਹਰ ਵੇਲੇ ਆਪਣੇ ਪਾਸ ਰੱਖਣ ਲਈ ਆਪਣੀ ਸਵਾਰੀ ਖੋਤੀ ਬਣਾ ਲਏਗੀ) ਸੋ, ਉਹ ਮੂਰਖ ਇਸਤ੍ਰੀ ਖੋਤੀ ਦੀ ਜੂਨੇ ਪੈਂਦੀ ਹੈ ਤੇ (ਹੋਰ ਖੋਤੇ ਖੋਤੀਆਂ ਵਾਂਗ ਛੱਟਾ ਆਦਿਕ ਦਾ) ਚਾਰ ਮਣ ਭਾਰ ਢੋਂਦੀ ਹੈ ॥੧੦੮॥
58483	1370	ਕਬੀਰ ਚਤੁਰਾਈ ਅਤਿ ਘਨੀ ਹਰਿ ਜਪਿ ਹਿਰਦੈ ਮਾਹਿ॥		Kabeer Chathuraaee Ath Ghanee Har Jap Hiradhai Maahi ||	Kabeer, it is the most clever wisdom, to chant and meditate on the Lord in the heart.	ਹੇ ਕਬੀਰ! (ਦੁਨੀਆ ਦੇ ਸਹਿਮਾਂ ਭਰਮਾਂ-ਵਹਿਮਾਂ ਤੋਂ ਬਚਣ ਲਈ) ਸਭ ਤੋਂ ਵੱਡੀ ਸਿਆਣਪ ਇਹੀ ਹੈ ਕਿ ਪਰਮਾਤਮਾ ਦਾ ਨਾਮ ਹਿਰਦੇ ਵਿਚ ਹੀ ਯਾਦ ਕਰ।

58484	1370	ਸੂਰੀ ਊਪਰਿ ਖੇਲਨਾ ਗਿਰੈ ਤ ਠਾਹਰ ਨਾਹਿ॥੧੦੯॥		Sooree Oopar Khaelanaa Girai Th Thaahar Naahi ||109||	It is like playing on a pig; if you fall off, you will find no place of rest. ||109||	(ਪਰ) ਇਹ ਸਿਮਰਨ ਕਰਨਾ ਕੋਈ ਸੌਖੀ ਕਾਰ ਨਹੀਂ ਹੈ; (ਜਾਤਿ-ਅਭਿਮਾਨ, ਨਿੰਦਾ, ਕੁਸੰਗ; ਚਸਕੇ, ਵਰਤ ਆਦਿਕ ਭਰਮ ਛੱਡਣੇ ਪੈਂਦੇ ਹਨ; ਸੋ,) ਪ੍ਰਭੂ ਦਾ ਸਿਮਰਨ ਸੂਲੀ ਉਤੇ ਚੜ੍ਹਨ ਸਮਾਨ ਹੈ, ਇਸ ਸੂਲੀ ਤੋਂ ਡਿਗਿਆਂ ਹੀ (ਭਾਵ, ਸਿਮਰਨ ਦੀ ਇਹ ਔਖੀ ਕਾਰ ਛੱਡਿਆਂ ਭੀ) ਨਹੀਂ ਬਣ ਆਉਂਦੀ, ਕਿਉਂਕਿ ਸਿਮਰਨ ਤੋਂ ਬਿਨਾਂ (ਦੁਨੀਆ ਦੇ ਦੁੱਖ-ਕਲੇਸ਼ਾਂ ਤੇ ਸਹਿਮਾਂ ਤੋਂ ਬਚਣ ਲਈ) ਹੋਰ ਕੋਈ ਆਸਰਾ ਭੀ ਨਹੀਂ ਹੈ ॥੧੦੯॥
58485	1370	ਕਬੀਰ ਸੋਈ ਮੁਖੁ ਧੰਨਿ ਹੈ ਜਾ ਮੁਖਿ ਕਹੀਐ ਰਾਮੁ॥	ਸੋ: ਹੋੜੇ ਅਤੇ ਔਂਕੜ ਵਿਚਾਲੇ ਅਵਾਜ ਬੋਲੋ	Kabeer Suoee Mukh Dhhann Hai Jaa Mukh Keheeai Raam ||	Kabeer, blessed is that mouth, which utters the Lord's Name.	(ਇਸ ਵਾਸਤੇ) ਹੇ ਕਬੀਰ! ਉਹੀ ਮੂੰਹ ਭਾਗਾਂ ਵਾਲਾ ਹੈ ਜਿਸ ਮੂੰਹ ਨਾਲ ਰਾਮ ਦਾ ਨਾਮ ਉਚਾਰਿਆ ਜਾਂਦਾ ਹੈ।
58486	1370	ਦੇਹੀ ਕਿਸ ਕੀ ਬਾਪੁਰੀ ਪਵਿਤ੍ਰੁ ਹੋਇਗੋ ਗ੍ਰਾਮੁ॥੧੧੦॥		Dhaehee Kis Kee Baapuree Pavithra Hoeigo Graam ||110||	It purifies the body, and the whole village as well. ||110||	ਉਸ ਸਰੀਰ ਵਿਚਾਰੇ ਦੀ ਕੀਹ ਗੱਲ ਹੈ? (ਉਸ ਸਰੀਰ ਦਾ ਪਵਿੱਤ੍ਰ ਹੋਣਾ ਤਾਂ ਇਕ ਨਿੱਕੀ ਜਿਹੀ ਗੱਲ ਹੈ, ਨਿਰਾ ਉਹ ਸਰੀਰ ਤਾਂ ਕਿਤੇ ਰਿਹਾ,) ਉਹ ਸਾਰਾ ਪਿੰਡ ਹੀ ਪਵਿੱਤ੍ਰ ਹੋ ਜਾਂਦਾ ਹੈ ਜਿਥੇ ਰਹਿੰਦਾ ਹੋਇਆ ਮਨੁੱਖ ਨਾਮ ਸਿਮਰਦਾ ਹੈ ॥੧੧੦॥

58487	1370	ਕਬੀਰ ਸੋਈ ਕੁਲ ਭਲੀ ਜਾ ਕੁਲ ਹਰਿ ਕੋ ਦਾਸੁ॥		Kabeer Soee Kul Bhalee Jaa Kul Har Ko Dhaas ||	Kabeer, that family is good, in which the Lord's slave is born.	ਹੇ ਕਬੀਰ! ਜਿਸ ਕੁਲ ਵਿਚ ਪਰਮਾਤਮਾ ਦਾ ਸਿਮਰਨ ਕਰਨ ਵਾਲਾ ਭਗਤ ਪਰਗਟ ਹੋ ਪਏ, ਉਹੀ ਕੁਲ ਸੁਲੱਖਣੀ ਹੈ।
58488	1370	ਜਿਹ ਕੁਲ ਦਾਸੁ ਨ ਊਪਜੈ ਸੋ ਕੁਲ ਢਾਕੁ ਪਲਾਸੁ॥੧੧੧॥		Jih Kul Dhaas N Oopajai So Kul Dtaak Palaas ||111||	But that family in which the Lord's slave is not born is as useless as weeds. ||111||	ਜਿਸ ਕੁਲ ਵਿਚ ਪ੍ਰਭੂ ਦੀ ਭਗਤੀ ਕਰਨ ਵਾਲਾ ਬੰਦਾ ਨਹੀਂ ਪਰਗਟਦਾ, ਉਹ ਕੁਲ ਢਾਕ ਪਲਾਹ (ਆਦਿਕ ਨਿਕੰਮੇ ਰੁੱਖਾਂ ਵਰਗੀ ਅਫਲ ਜਾਣੋ) ॥੧੧੧॥
58489	1370	ਕਬੀਰ ਹੈ ਗਇ ਬਾਹਨ ਸਘਨ ਘਨ ਲਾਖ ਧਜਾ ਫਹਰਾਹਿ॥	(ਹੈ) ਘੋੜੇ (ਗਇ) ਹਾਥੀ (ਬਾਹਨ) ਅਸਵਾਰੀਆਂ। ਫਹ-ਰਾਹਿ	Kabeer Hai Gae Baahan Saghan Ghan Laakh Dhhajaa Feharaahi ||	Kabeer, some have lots of horses, elephants and carriages, and thousands of banners waving.	ਹੇ ਕਬੀਰ! ਜੇ ਸਵਾਰੀ ਕਰਨ ਲਈ ਬੇਅੰਤ ਘੋੜੇ ਤੇ ਹਾਥੀ ਹੋਣ, ਜੇ (ਮਹੱਲਾਂ ਉਤੇ) ਲੱਖਾਂ ਝੰਡੇ ਝੂਲਦੇ ਹੋਣ (ਇਤਨਾ ਤੇਜ-ਪ੍ਰਤਾਪ ਭੀ ਹੋਵੇ, ਪਰ ਪਰਮਾਤਮਾ ਦੇ ਨਾਮ ਤੋਂ ਖੁੰਝੇ ਰਹਿ ਕੇ ਇਹ ਰਾਜ-ਭਾਗ ਕਿਸੇ ਕੰਮ ਦਾ ਨਹੀਂ ਹੈ)।
58490	1370	ਇਆ ਸੁਖ ਤੇ ਭਿਖ੍ਯਾ ਭਲੀ ਜਉ ਹਰਿ ਸਿਮਰਤ ਦਿਨ ਜਾਹਿ॥੧੧੨॥	ਭਿੱਖਿਆ	Eiaa Sukh Thae Bhikhyaa Bhalee Jo Har Simarath Dhin Jaahi ||112||	But begging is better than these comforts, if one spends his days meditating in remembrance on the Lord. ||112||	ਜੇ ਪਰਮਾਤਮਾ ਦਾ ਸਿਮਰਨ ਕਰਦਿਆਂ (ਜ਼ਿੰਦਗੀ ਦੇ) ਦਿਨ ਗੁਜ਼ਰਨ ਤਾਂ ਉਸ (ਸਿਮਰਨ-ਹੀਣ ਰਾਜ-ਭਾਗ ਦੇ) ਸੁਖ ਨਾਲੋਂ ਉਹ ਟੁੱਕਰ ਚੰਗਾ ਹੈ ਜੇ ਲੋਕਾਂ ਦੇ ਦਰ ਤੋਂ ਮੰਗ ਕੇ ਮੰਗਤੇ ਫ਼ਕੀਰ ਖਾਂਦੇ ਹਨ ॥੧੧੨॥

58491	1370	ਕਬੀਰ ਸਭੁ ਜਗੁ ਹਉ ਫਿਰਿਓ ਮਾਂਦਲੁ ਕੰਧ ਚਢਾਇ॥		Kabeer Sabh Jag Ho Firiou Maandhal Kandhh Chadtaae ||	Kabeer, I have wandered all over the world, carrying the drum on my shoulder.	ਹੇ ਕਬੀਰ! ਢੋਲ ਮੋਢਿਆਂ ਤੇ ਰੱਖ ਕੇ ਮੈਂ (ਵਜਾਂਦਾ ਫਿਰਿਆ ਹਾਂ ਤੇ) ਸਾਰਾ ਜਗਤ ਗਾਹਿਆ ਹੈ (ਮੈਂ ਪੁੱਛਦਾ ਫਿਰਿਆ ਹਾਂ ਕਿ ਦੱਸੋ, ਭਾਈ! ਇਸ ਰਾਜ-ਭਾਗ, ਮਹਲ-ਮਾੜੀਆਂ, ਸਾਕ-ਸੰਬੰਧੀ ਵਿਚੋਂ ਕੋਈ ਤੋੜ ਨਿਭਣ ਵਾਲਾ ਸਾਥੀ ਭੀ ਕਿਸੇ ਨੇ ਵੇਖਿਆ ਹੈ, ਪਰ ਕਿਸੇ ਨੇ ਹਾਮੀ ਨਹੀਂ ਭਰੀ)
58492	1370	ਕੋਈ ਕਾਹੂ ਕੋ ਨਹੀ ਸਭ ਦੇਖੀ ਠੋਕਿ ਬਜਾਇ॥੧੧੩॥		Koee Kaahoo Ko Nehee Sabh Dhaekhee Thok Bajaae ||113||	No one belongs to anyone else; I have looked and carefully studied it. ||113||	(ਸੋ) ਸਾਰੀ ਸ੍ਰਿਸ਼ਟੀ ਮੈਂ ਚੰਗੀ ਤਰ੍ਹਾਂ ਪਰਖ ਕੇ ਵੇਖ ਲਈ ਹੈ ਕੋਈ ਭੀ ਕਿਸੇ ਦਾ (ਤੋੜ ਨਿਭਣ ਵਾਲਾ ਸਾਥੀ) ਨਹੀਂ ਹੈ (ਅਸਲ ਸਾਥੀ ਸਿਰਫ਼ ਪਰਮਾਤਮਾ ਦਾ ਨਾਮ ਹੈ, ਇਸ ਵਾਸਤੇ 'ਰਾਮੁ ਨ ਛੋਡੀਐ, ਤਨੁ ਧਨੁ ਜਾਇ ਤ ਜਾਉ') ॥੧੧੩॥
58493	1370	ਮਾਰਗਿ ਮੋਤੀ ਬੀਥਰੇ ਅੰਧਾ ਨਿਕਸਿਓ ਆਇ॥		Maarag Mothee Beethharae Andhhaa Nikasiou Aae ||	The pearls are scattered on the road; the blind man comes along.	(ਪਰਮਾਤਮਾ ਦੇ ਗੁਣ, ਮਾਨੋ) ਮੋਤੀ (ਹਨ ਜੋ ਇਨਸਾਨੀ ਜ਼ਿੰਦਗੀ ਦੇ ਸਫ਼ਰ ਦੇ) ਰਸਤੇ ਵਿਚ ਖਿੱਲਰੇ ਹੋਏ ਹਨ (ਭਾਵ, ਇਹ ਮੋਤੀ ਲੈਣ ਵਾਸਤੇ ਕੋਈ ਧਨ-ਪਦਾਰਥ ਨਹੀਂ ਖਰਚਣਾ ਪੈਂਦਾ; ਪਰ ਇਥੇ ਗਿਆਨ-ਹੀਣ) ਅੰਨ੍ਹਾ ਮਨੁੱਖ ਆ ਅੱਪੜਿਆ ਹੈ।

58494	1370	ਜੋਤਿ ਬਿਨਾ ਜਗਦੀਸ ਕੀ ਜਗਤੁ ਉਲੰਘੇ ਜਾਇ॥੧੧੪॥	ਜੱਗਤੁ	Joth Binaa Jagadhees Kee Jagath Oulanghae Jaae ||114||	Without the Light of the Lord of the Universe, the world just passes them by. ||114||	ਪਰਮਾਤਮਾ ਦੀ ਬਖ਼ਸ਼ੀ ਹੋਈ (ਗਿਆਨ ਦੀ) ਜੋਤਿ ਤੋਂ ਬਿਨਾਂ ਜਗਤ ਇਹਨਾਂ ਮੋਤੀਆਂ ਨੂੰ ਪੈਰਾਂ ਹੇਠ ਲਤਾੜਦਾ ਤੁਰਿਆ ਜਾ ਰਿਹਾ ਹੈ (ਮਨੁੱਖ ਨੂੰ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨ ਦੀ ਕਦਰ ਨਹੀਂ ਪੈਂਦੀ, ਪ੍ਰਭੂ ਆਪ ਹੀ ਮੇਹਰ ਕਰੇ ਤਾਂ ਇਹ ਜੀਵ ਗੁਣ ਗਾ ਸਕਦਾ ਹੈ) ॥੧੧੪॥
58495	1370	ਬੂਡਾ ਬੰਸੁ ਕਬੀਰ ਕਾ ਉਪਜਿਓ ਪੂਤੁ ਕਮਾਲੁ॥		Booddaa Bans Kabeer Kaa Oupajiou Pooth Kamaal ||	My family is drowned, O Kabeer, since the birth of my son Kamaal.	('ਹੈ ਗਇ ਬਾਹਨ ਸਘਨ ਘਨ' ਅਤੇ 'ਲਾਖ ਧਜਾ' ਵਿਚੋਂ 'ਕੋਈ ਕਾਹੂ ਕੋ ਨਹੀਂ'-ਇਹ ਗੱਲ ਮੈਂ ਡਿੱਠੀ 'ਡਿੱਠੀ ਟੋਕਿ ਬਜਾਇ', ਫਿਰ ਭੀ) ਜੇ ਮੇਰਾ ਮੂਰਖ ਮਨ (ਨੀਵੀਂ) ਅਵਸਥਾ ਤੇ ਆ ਅੱਪੜਿਆ ਹੈ, ਤਾਂ ਮੈਂ ਕਬੀਰ ਦਾ ਸਾਰਾ ਹੀ ਟੱਬਰ (ਅੱਖਾਂ, ਕੰਨ, ਨੱਕ ਆਦਿਕ ਸਾਰੇ ਹੀ ਇੰਦ੍ਰਿਆਂ ਦਾ ਟੋਲਾ ਵਿਕਾਰਾਂ ਵਿਚ ਜ਼ਰੂਰ) ਡੁੱਬ ਗਿਆ ਜਾਣੋ,
58496	1370	ਹਰਿ ਕਾ ਸਿਮਰਨੁ ਛਾਡਿ ਕੈ ਘਰਿ ਲੇ ਆਯਾ ਮਾਲੁ॥੧੧੫॥	ਆ-ਯਾ:ਯਾ ਤਾਲੂ ਤੋਂ ਬੋਲੋ	Har Kaa Simaran Shhaadd Kai Ghar Lae Aayaa Maal ||115||	He has given up meditating on the Lord, in order to bring home wealth. ||115||	ਕਿਉਂਕਿ ਪਰਮਾਤਮਾ ਦਾ ਸਿਮਰਨ ਛੱਡ ਕੇ ਮੈਂ ਆਪਣੇ ਅੰਦਰ ਮਾਇਆ ਦਾ ਮੋਹ ਵਸਾ ਲਿਆ ਹੈ ॥੧੧੫॥

58497	1370	ਕਬੀਰ ਸਾਧੂ ਕਉ ਮਿਲਨੇ ਜਾਈਐ ਸਾਥਿ ਨ ਲੀਜੈ ਕੋਇ॥		Kabeer Saadhhoo Ko Milanae Jaaeeai Saathh N Leejai Koe ||	Kabeer, go out to meet the holy man; do not take anyone else with you.	ਹੇ ਕਬੀਰ! ('ਰਾਮੁ ਨ ਛੋਡੀਐ, ਤਨੁ ਧਨੁ ਜਾਇ ਤ ਜਾਉ'; ਪਰ ਪ੍ਰਭੂ ਦਾ ਨਾਮ ਸਿਰਫ਼ ਉਨ੍ਹਾਂ ਤੋਂ ਮਿਲਦਾ ਹੈ ਜਿਨ੍ਹਾਂ ਆਪਣੇ ਮਨ ਨੂੰ ਸਾਧ ਕੇ ਰੱਖਿਆ ਹੋਇਆ ਹੈ, ਜੇ ਆਪ 'ਸਾਧੂ' ਹਨ; ਸੋ, 'ਸਾਧੂ' ਦੀ ਸੰਗਤ ਕਰਨੀ ਚਾਹੀਦੀ ਹੈ; ਪਰ) ਜੇ ਕਿਸੇ ਸਾਧੂ ਗੁਰਮੁਖਿ ਦੇ ਦਰਸ਼ਨ ਕਰਨ ਜਾਈਏ, ਤਾਂ ਕਿਸੇ ਨੂੰ ਆਪਣੇ ਨਾਲ ਨਹੀਂ ਲੈ ਜਾਣਾ ਚਾਹੀਦਾ (ਕੋਈ ਸਾਥ ਉਡੀਕਣਾ ਨਹੀਂ ਚਾਹੀਦਾ, ਜਾਣ ਵਾਸਤੇ ਕੋਈ ਆਸਰੇ ਨਹੀਂ ਢੂੰਡਣੇ ਚਾਹੀਦੇ, ਮਤਾਂ ਕੋਈ ਮਮਤਾ-ਬੱਧਾ ਸਾਥੀ ਢਿੱਲ-ਮੱਠ ਹੀ ਕਰਾ ਦੇਵੇ)।
58498	1370	ਪਾਛੈ ਪਾਉ ਨ ਦੀਜੀਐ ਆਗੈ ਹੋਇ ਸੁ ਹੋਇ॥੧੧੬॥		Paashhai Paao N Dheejeeai Aagai Hoe S Hoe ||116||	Do not turn back - keep on going. Whatever will be, will be. ||116||	ਕਿਸੇ ਗੁਰਮੁਖਿ ਦਾ ਦੀਦਾਰ ਕਰਨ ਗਿਆਂ ਕਦੇ ਪੈਰ ਪਿਛਾਂਹ ਨਾਹ ਰੱਖੀਏ, (ਕਦੇ ਆਲਸ ਨਾਹ ਕਰੀਏ); ਸਗੋਂ ਉਧਰ ਜਾਂਦਿਆਂ ਜੇ ਕੋਈ ਔਖਿਆਈ ਭੀ ਆਵੇ ਤਾਂ ਪਈ ਆਵੇ ॥੧੧੬॥

58499	1370	ਕਬੀਰ ਜਗੁ ਬਾਧਿਓ ਜਿਹ ਜੇਵਰੀ ਤਿਹ ਮਤ ਬੰਧਹੁ ਕਬੀਰ॥		Kabeer Jag Baadhhiou Jih Jaevaree Thih Math Bandhhahu Kabeer ||	Kabeer, do not bind yourself with that chain, which binds the whole world.	ਹੇ ਕਬੀਰ! ਮਾਇਆ-ਮੋਹ ਦੀ ਜਿਸ ਰੱਸੀ ਨਾਲ ਜਗਤ (ਦਾ ਹਰੇਕ ਜੀਵ) ਬੱਝਾ ਪਿਆ ਹੈ, ਉਸ ਰੱਸੀ ਨਾਲ ਆਪਣੇ ਆਪ ਨੂੰ ਬੱਝਣ ਨਾ ਦੇਈਂ।
58500	1370	ਜੈਹਹਿ ਆਟਾਲੋਨ ਜਿਉ ਸੋਨ ਸਮਾਨਿ ਸਰੀਰੁ॥੧੧੭॥	(ਜੈ-ਹ-ਹਿ) ਜਾਏਗਾ।ਆ-ਟਾ-ਲੋਨ: ਪੋਲਾ ਬੋਲੋ।(ਆਟਾਲੋਨ) ਲੂਣ ਦੇ ਢੇਲੇ ਵਾਂਗ। (ਸੋਨ) ਸੋਨਾ	Jaihehi Aattaa Lon Jio Son Samaan Sareer ||117||	As the salt is lost in the flour, so shall your golden body be lost. ||117||	ਇਹ ਸੋਨੇ ਵਰਗਾ (ਕੀਮਤੀ) ਮਨੁੱਖਾ ਸਰੀਰ (ਮਿਲਿਆ) ਹੈ (ਜੇ ਤੂੰ ਮੋਹ ਦੀ ਰੱਸੀ ਵਿਚ ਬੱਝ ਕੇ ਗੁਰਮੁਖਾਂ ਦੀ ਸੰਗਤ ਤੋਂ ਪਰੇ ਰਹਿ ਕੇ, ਪਰਮਾਤਮਾ ਦਾ ਸਿਮਰਨ ਛੱਡ ਬੈਠਾ, ਤਾਂ) ਸਸਤੇ ਭਾ ਅਜਾਈਂ ਤਬਾਹ ਹੋ ਜਾਹਿਂਗਾ ॥੧੧੭॥

58501	1370	ਕਬੀਰ ਹੰਸੁ ਉਡਿਓ ਤਨੁ ਗਾਡਿਓ ਸੋਝਾਈ ਸੈਨਾਹ॥	(ਸੋਝਾਈ) ਸਮਝਾਉਂਦਾ ਹੈ। (ਸੈਨਾਹ) ਸੈਨਤਾਂ ਨਾਲ।ਸੈਨਾਹ: ਜ਼ੋਰ ਦੀ ਬੋਲੋ	Kabeer Hans Ouddiou Than Gaaddiou Sojhaaee Sainaah ||	Kabeer, the soul-swan is flying away, and the body is being buried, and still he makes gestures.	(ਇਹ ਮਮਤਾ ਦੀ ਜੇਵੜੀ ਕੋਈ ਸਾਧਾਰਨ ਜਿਹਾ ਜਕੜ-ਬੰਦ ਨਹੀਂ ਹੁੰਦਾ) ਹੇ ਕਬੀਰ! (ਪਰਮਾਤਮਾ ਦੇ ਸਿਮਰਨ ਤੋਂ ਖੁੰਝ ਕੇ ਮਾਇਆ-ਮੋਹ ਦੀ ਰੱਸੀ ਵਿਚ ਬੱਝੇ ਹੋਇਆਂ ਦਾ ਹਾਲ ਜੇ ਤੂੰ ਸਮਝਣਾ ਹੈ ਤਾਂ ਵੇਖ ਕਿ ਮੌਤ ਸਿਰ ਉਤੇ ਆ ਅੱਪੜਦੀ ਹੈ) ਜੀਵਾਤਮਾ (ਸਰੀਰ ਵਿਚੋਂ) ਨਿਕਲਣ ਤੇ ਹੁੰਦਾ ਹੈ, ਸਰੀਰ (ਆਤਮਾ ਦੇ ਵਿਛੁੜਨ ਤੇ) ਢਹਿ-ਢੇਰੀ ਹੋਣ ਵਾਲਾ ਹੁੰਦਾ ਹੈ, ਫਿਰ ਵੀ ਮੋਹ ਦੀ ਜੇਵੜੀ ਨਾਲ ਬੱਝਾ ਹੋਇਆ ਜੀਵ ਸੈਣਤਾਂ ਨਾਲ ਹੀ (ਪਿਛਲੇ ਸੰਬੰਧੀਆਂ ਨੂੰ) ਸਮਝਾਂਦਾ ਹੈ,
58502	1370	ਅਜਹੂ ਜੀਉ ਨ ਛੋਡਈ ਰੰਕਾਈ ਨੈਨਾਹ॥੧੧੮॥	(ਰੰਕਾਈ) ਕੰਗਾਲਪੁਣਾ	Ajehoo Jeeo N Shhoddee Rankaaee Nainaah ||118||	Even then, the mortal does not give up the cruel look in his eyes. ||118||	(ਉਸ ਵੇਲੇ ਭੀ ਪ੍ਰਭੂ ਚੇਤੇ ਨਹੀਂ ਆਉਂਦਾ), ਅਜੇ ਭੀ ਜੀਵ ਅੱਖਾਂ ਦੀ ਕੰਗਾਲਤਾ ਨਹੀਂ ਛੱਡਦਾ ॥੧੧੮॥

58503	1370	ਕਬੀਰ ਨੈਨ ਨਿਹਾਰਉ ਤੁਝ ਕਉ ਸ੍ਰਵਨ ਸੁਨਉ ਤੁਅ ਨਾਉ॥		Kabeer Nain Nihaaro Thujh Ko Sravan Suno Thua Naao ||	Kabeer: with my eyes, I see You, Lord; with my ears, I hear Your Name.	ਹੇ ਕਬੀਰ! (ਪ੍ਰਭੂ-ਦਰ ਤੇ ਅਰਦਾਸ ਕਰ ਤੇ ਆਖ- ਹੇ ਪ੍ਰਭੂ! ਤੈਨੂੰ ਵਿਸਾਰ ਕੇ ਜਿਸ ਮੋਹ-ਜੇਵੜੀ ਨਾਲ ਜਗਤ ਬੱਝਾ ਪਿਆ ਹੈ ਤੇ ਮਰਨ ਦੇ ਵੇਲੇ ਤਕ ਭੀ ਅੱਖਾਂ ਦੀ ਕੰਗਾਲਤਾ ਨਹੀਂ ਛੱਡਦਾ; ਮੇਹਰ ਕਰ, ਉਸ ਜੇਵੜੀ ਤੋਂ ਬਚਣ ਲਈ) ਮੈਂ ਆਪਣੀਆਂ ਅੱਖਾਂ ਨਾਲ (ਹਰ ਪਾਸੇ) ਤੇਰਾ ਹੀ ਦੀਦਾਰ ਕਰਦਾ ਰਹਾਂ, ਤੇਰਾ ਹੀ ਨਾਮ ਮੈਂ ਆਪਣੇ ਕੰਨਾਂ ਨਾਲ ਸੁਣਦਾ ਰਹਾਂ,
58504	1370	ਬੈਨ ਉਚਰਉ ਤੁਅ ਨਾਮ ਜੀ ਚਰਨਕਮਲ ਰਿਦ ਠਾਉ ॥੧੧੯॥		Bain Oucharo Thua Naam Jee Charan Kamal Ridh Thaao ||119||	With my tongue I chant Your Name; I enshrine Your Lotus Feet within my heart. ||119||	(ਜੀਭ ਨਾਲ) ਬਚਨਾਂ ਦੁਆਰਾ ਮੈਂ ਤੇਰਾ ਨਾਮ ਹੀ ਉਚਾਰਦਾ ਰਹਾਂ, ਅਤੇ ਤੇਰੇ ਸੋਹਣੇ ਚਰਨਾਂ ਨੂੰ ਆਪਣੇ ਹਿਰਦੇ ਵਿਚ ਥਾਂ ਦੇਈ ਰੱਖਾਂ ॥੧੧੯॥
58505	1370	ਕਬੀਰ ਸੁਰਗ ਨਰਕ ਤੇ ਮੈ ਰਹਿਓ ਸਤਿਗੁਰ ਕੇ ਪਰਸਾਦਿ॥		Kabeer Surag Narak Thae Mai Rehiou Sathigur Kae Parasaadh ||	Kabeer, I have been spared from heaven and hell, by the Grace of the True Guru.	ਹੇ ਕਬੀਰ! ਆਪਣੇ ਸਤਿਗੁਰੂ ਦੀ ਕਿਰਪਾ ਨਾਲ ਮੈਂ ਸੁਰਗ (ਦੀ ਲਾਲਸਾ) ਅਤੇ ਨਰਕ (ਦੇ ਡਰ) ਤੋਂ ਬਚ ਗਿਆ ਹਾਂ।

58506	1370	ਚਰਨਕਮਲ ਕੀ ਮਉਜ ਮਹਿ ਰਹਉ ਅੰਤਿ ਅਰੁ ਆਦਿ॥੧੨੦॥		Charan Kamal Kee Mouj Mehi Reho Anth Ar Aadh ||120||	From beginning to end, I abide in the joy of the Lord's Lotus Feet. ||120||	ਮੈਂ ਤਾਂ ਸਦਾ ਹੀ ਪਰਮਾਤਮਾ ਦੇ ਸੋਹਣੇ ਚਰਨਾਂ (ਦੀ ਯਾਦ) ਦੇ ਹੁਲਾਰੇ ਵਿਚ ਰਹਿੰਦਾ ਹਾਂ ॥੧੨੦॥
58507	1370	ਕਬੀਰ ਚਰਨਕਮਲ ਕੀ ਮਉਜ ਕੋ ਕਹਿ ਕੈਸੇ ਉਨਮਾਨ॥		Kabeer Charan Kamal Kee Mouj Ko Kehi Kaisae Ounamaan ||	Kabeer, how can I even describe the extent of the joy of the Lord's Lotus Feet?	(ਪਰ), ਹੇ ਕਬੀਰ! ਪ੍ਰਭੂ ਦੇ ਸੋਹਣੇ ਚਰਨਾਂ ਵਿਚ ਟਿਕੇ ਰਹਿਣ ਦੇ ਹੁਲਾਰੇ ਦਾ ਅੰਦਾਜ਼ਾ ਕਿਵੇਂ ਕੋਈ ਦੱਸ ਸਕਦਾ ਹੈ?
58508	1370	ਕਹਿਬੇ ਕਉ ਸੋਭਾ ਨਹੀ ਦੇਖਾ ਹੀ ਪਰਵਾਨੁ॥੧੨੧॥		Kehibae Ko Sobhaa Nehee Dhaekhaa Hee Paravaan ||121||	I cannot describe its sublime glory; it has to be seen to be appreciated. ||121||	(ਜੀਭ ਨਾਲ) ਉਸ ਮੌਜ ਦਾ ਬਿਆਨ ਕਰਨਾ ਫਬਦਾ ਹੀ ਨਹੀਂ ਹੈ; ਉਹ ਕੇਡਾ ਕੁ ਹੁਲਾਰਾ ਹੈ? ਇਹ ਤਾਂ ਉਹ ਹੁਲਾਰਾ ਲਿਆਂ ਹੀ ਤਸੱਲੀ ਹੁੰਦੀ ਹੈ ॥੧੨੧॥
58509	1370	ਕਬੀਰ ਦੇਖਿ ਕੈ ਕਿਹ ਕਹਉ ਕਹੇ ਨ ਕੋ ਪਤੀਆਇ॥	ਪਤੀ-ਆਇ	Kabeer Dhaekh Kai Kih Keho Kehae N Ko Patheeaae ||	Kabeer, how can I describe what I have seen? No one will believe my words.	ਹੇ ਕਬੀਰ! ਉਸ ਪ੍ਰਭੂ ਦਾ ਦੀਦਾਰ ਕਰਕੇ ਮੈਂ ਦੱਸ ਭੀ ਕੁਝ ਨਹੀਂ ਸਕਦਾ, ਤੇ ਦੱਸਿਆਂ ਕਿਸੇ ਨੂੰ ਤਸੱਲੀ ਭੀ ਨਹੀਂ ਹੋ ਸਕਦੀ (ਕਿਉਂਕਿ ਜਗਤ ਵਿਚ ਕੋਈ ਸ਼ੈ ਐਸੀ ਨਹੀਂ ਹੈ ਜਿਸ ਵਲ ਇਸ਼ਾਰਾ ਕਰ ਕੇ ਆਖਿਆ ਜਾ ਸਕੇ ਕਿ ਪਰਮਾਤਮਾ ਇਸ ਵਰਗਾ ਹੈ),

58510	1370	ਹਰਿ ਜੈਸਾ ਤੈਸਾ ਉਹੀ ਰਹਉ ਹਰਖਿ ਗੁਨ ਗਾਇ॥੧੨੨॥		Har Jaisaa Thaisaa Ouhee Reho Harakh Gun Gaae ||122||	The Lord is just as He is. I dwell in delight, singing His Glorious Praises. ||122||	ਪਰਮਾਤਮਾ ਆਪਣੇ ਵਰਗਾ ਆਪ ਹੀ ਹੈ; (ਮੈਂ ਤਾਂ ਸਿਰਫ਼ ਇਹ ਕਹਿ ਸਕਦਾ ਹਾਂ ਕਿ) ਉਸ ਦੇ ਗੁਣ ਗਾ ਗਾ ਕੇ ਮੈਂ ਮੌਜ ਵਿਚ ਟਿਕਿਆ ਰਹਿੰਦਾ ਹਾਂ ॥੧੨੨॥
58511	1371	ਕਬੀਰ ਚੁਗੈ ਚਿਤਾਰੈ ਭੀ ਚੁਗੈ ਚੁਗਿ ਚੁਗਿ ਚਿਤਾਰੇ॥	ਚੁਗੈ ਚੁਗੈ ਚੁਗਿ ਚੁਗਿ: ਪੋਲੇ ਬੋਲੋ	Kabeer Chugai Chithaarai Bhee Chugai Chug Chug Chithaarae ||	Kabeer, the flamingo pecks and feeds, and remembers her chicks.	ਹੇ ਕਬੀਰ! ਕੂੰਜ ਚੋਗਾ ਚੁਗਦੀ ਹੈ ਤੇ ਆਪਣੇ ਬੱਚਿਆਂ ਦਾ ਭੀ ਚੇਤਾ ਕਰਦੀ ਹੈ, ਮੁੜ ਚੁਗਦੀ ਹੈ, ਚੋਗਾ ਭੀ ਚੁਗਦੀ ਹੈ ਤੇ ਬੱਚਿਆਂ ਦਾ ਚੇਤਾ ਭੀ ਕਰਦੀ ਹੈ।
58512	1371	ਜੈਸੇ ਬਚਰਹਿ ਕੂੰਜ ਮਨ ਮਾਇਆ ਮਮਤਾ ਰੇ॥੧੨੩॥	ਬੱਚਰ-ਹਿ	Jaisae Bacharehi Koonj Man Maaeiaa Mamathaa Rae ||123||	She pecks and pecks and feeds, and remembers them always. Her chicks are very dear to her, just like the love of wealth and Maya is dear to the mortal's mind. ||123||	ਜਿਵੇਂ ਕੂੰਜ ਦੀ ਸੁਰਤ ਹਰ ਵੇਲੇ ਆਪਣੇ ਬੱਚਿਆਂ ਵਿਚ ਰਹਿੰਦੀ ਹੈ, ਤਿਵੇਂ, ("ਹਰਿ ਕਾ ਸਿਮਰਨੁ ਛਾਡਿ ਕੈ") ਮਨੁੱਖ ਦਾ ਮਨ ਮਾਇਆ ਦੀ ਮਲਕੀਅਤ ਦੀ ਤਾਂਘ ਵਿਚ ਟਿਕਿਆ ਰਹਿੰਦਾ ਹੈ ॥੧੨੩॥
58513	1371	ਕਬੀਰ ਅੰਬਰ ਘਨਹਰੁ ਛਾਇਆ ਬਰਖਿ ਭਰੇ ਸਰ ਤਾਲ॥		Kabeer Anbar Ghanehar Shhaaeiaa Barakh Bharae Sar Thaal ||	Kabeer, the sky is overcast and cloudy; the ponds and lakes are overflowing with water.	ਹੇ ਕਬੀਰ! (ਵਰਖਾ ਰੁੱਤੇ) ਬੱਦਲ ਆਕਾਸ਼ ਵਿਚ (ਚਾਰ ਚੁਫੇਰੇ) ਵਿਛ ਜਾਂਦਾ ਹੈ, ਵਰਖਾ ਕਰ ਕੇ (ਨਿੱਕੇ ਵੱਡੇ ਸਾਰੇ) ਸਰੋਵਰ ਤਾਲਾਬ ਭਰ ਦੇਂਦਾ ਹੈ,

58514	1371	ਚਾਤ੍ਰਿਕ ਜਿਉ ਤਰਸਤ ਰਹੈ ਤਿਨ ਕੋ ਕਉਨੁ ਹਵਾਲੁ॥੧੨੪॥		Chaathrik Jio Tharasath Rehai Thin Ko Koun Havaal ||124||	Like the rainbird, some remain thirsty - what is their condition? ||124||	(ਪਰ ਪਪੀਹਾ ਫਿਰ ਭੀ ਵਰਖਾ ਦੀ ਬੂੰਦ ਨੂੰ ਤਰਸਦਾ ਤੇ ਕੂਕਦਾ ਰਹਿੰਦਾ ਹੈ। ਪਰਮਾਤਮਾ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਹੈ, ਪਰ ਮਾਇਆ ਦੀ ਮਮਤਾ ਵਿਚ ਫਸੇ ਹੋਏ ਜੀਵ ਉਸ ਦਾ ਦਰਸ਼ਨ ਨਹੀਂ ਕਰ ਸਕਦੇ) ("ਹਰਿ ਕਾ ਸਿਮਰਨੁ ਛਾਡਿ ਕੈ") ਉਹ ਪਪੀਹੇ ਵਾਂਗ ਤਰਲੇ ਲੈਂਦੇ ਹਨ, ਤੇ ਉਹਨਾਂ ਦਾ ਸਦਾ ਮੰਦਾ ਹਾਲ ਹੀ ਰਹਿੰਦਾ ਹੈ ॥੧੨੪॥
58515	1371	ਕਬੀਰ ਚਕਈ ਜਉ ਨਿਸਿ ਬੀਛੁਰੈ ਆਇ ਮਿਲੈ ਪਰਭਾਤਿ॥	ਚਕਈ: ਪੋਲਾ ਬੋਲੋ	Kabeer Chakee Jo Nis Beeshhurai Aae Milai Parabhaath ||	Kabeer, the chakvi duck is separated from her love through the night, but in the morning, she meets him again.	ਹੇ ਕਬੀਰ! ਚਕਵੀ ਜਦੋਂ ਰਾਤ ਨੂੰ (ਆਪਣੇ ਚੁਕਵੇ ਤੋਂ) ਵਿਛੁੜਦੀ ਹੈ ਤਾਂ ਸਵੇਰ-ਸਾਰ ਮੁੜ ਆ ਮਿਲਦੀ ਹੈ (ਰਾਤ ਦਾ ਹਨੇਰਾ ਇਹਨਾਂ ਦੇ ਮੇਲ ਦੇ ਰਸਤੇ ਵਿਚ ਰੁਕਾਵਟ ਬਣਿਆ ਰਹਿੰਦਾ ਹੈ, ਉਂਞ ਇਹ ਹਨੇਰਾ ਉਨ੍ਹਾਂ ਨੂੰ ਵਧ ਤੋਂ ਵਧ ਚਾਰ ਪਹਿਰ ਹੀ ਵਿਛੋੜ ਸਕਦਾ ਹੈ।

58516	1371	ਜੋ ਨਰ ਬਿਛੁਰੇ ਰਾਮ ਸਿਉ ਨਾ ਦਿਨ ਮਿਲੇ ਨ ਰਾਤਿ॥੧੨੫॥		Jo Nar Bishhurae Raam Sio Naa Dhin Milae N Raath ||125||	Those who are separated from the Lord do not meet Him in the day, or in the night. ||125||	ਪਰ ਮਾਇਆ ਦੀ ਮਮਤਾ ਦਾ ਹਨੇਰਾ ਐਸਾ ਨਹੀਂ ਜੋ ਛੇਤੀ ਮੁੱਕ ਸਕੇ, ਇਹ ਤਾਂ ਜਨਮਾਂ ਜਨਮਾਂਤਰਾਂ ਤਕ ਖ਼ਲਾਸੀ ਨਹੀਂ ਕਰਦਾ; ਇਸ ਹਨੇਰੇ ਦੇ ਕਾਰਨ) ਜੋ ਮਨੁੱਖ ਪ੍ਰਭੂ ਤੋਂ ਵਿਛੁੜਦੇ ਹਨ, ਉਹ ਨਾਹ ਦਿਨੇ ਮਿਲ ਸਕਦੇ ਹਨ ਨਾਹ ਰਾਤ ਨੂੰ ॥੧੨੫॥
58517	1371	ਕਬੀਰ ਰੈਨਾਇਰ ਬਿਛੋਰਿਆ ਰਹੁ ਰੇ ਸੰਖ ਮਝੂਰਿ॥	ਰੈਨਾਇਰ ਸਮੁੰਦ੍ਰ ਚ	Kabeer Rainaaeir Bishhoriaa Rahu Rae Sankh Majhoor ||	Kabeer: O conch shell, remain in the ocean.	ਹੇ ਕਬੀਰ! ਸਮੁੰਦਰ ਤੋਂ ਵਿਛੁੜੇ ਹੋਏ ਹੇ ਸੰਖ! ਸਮੁੰਦਰ ਦੇ ਵਿਚ ਹੀ ਟਿਕਿਆ ਰਹੁ,
58518	1371	ਦੇਵਲ ਦੇਵਲ ਧਾਹੜੀ ਦੇਸਹਿ ਉਗਵਤ ਸੂਰ॥੧੨੬॥		Dhaeval Dhaeval Dhhaaharree Dhaesehi Ougavath Soor ||126||	If you are separated from it, you shall scream at sunrise from temple to temple. ||126||	ਨਹੀਂ ਤਾਂ ਹਰ ਰੋਜ਼ ਸੂਰਜ ਚੜ੍ਹਦੇ ਸਾਰ ਹਰੇਕ ਮੰਦਰ ਵਿਚ ਡਰਾਉਣੀ ਢਾਹ ਮਾਰੇਂਗਾ ॥੧੨੬॥

58519	1371	ਕਬੀਰ ਸੂਤਾ ਕਿਆ ਕਰਹਿ ਜਾਗੁ ਰੋਇ ਭੈ ਦੁਖ॥		Kabeer Soothaa Kiaa Karehi Jaag Roe Bhai Dhukh ||	Kabeer, what are you doing sleeping? Wake up and cry in fear and pain.	ਹੇ ਕਬੀਰ! (ਮਾਇਆ ਦੇ ਮੋਹ ਵਿਚ) ਸੁੱਤਾ ਹੋਇਆ (ਮਸਤ ਹੋਇਆ) ਕੀਹ ਕਰ ਰਿਹਾ ਹੈਂ (ਕਿਉਂ ਅਜਾਈਂ ਉਮਰ ਗਵਾ ਰਿਹਾ ਹੈਂ?) ਪ੍ਰਭੂ ਦੀ ਯਾਦ ਵਿਚ ਹੁਸ਼ਿਆਰ ਹੋ ਅਤੇ (ਇਸ ਯਾਦ ਦੀ ਬਰਕਤਿ ਨਾਲ ਉਹਨਾਂ ਸੰਸਾਰਕ) ਸਹਿਮਾਂ ਤੇ ਕਲੇਸ਼ਾਂ ਤੋਂ ਖ਼ਲਾਸੀ ਹਾਸਲ ਕਰ (ਜੋ ਪ੍ਰਭੂ-ਚਰਨਾਂ ਤੋਂ ਵਿਛੁੜਿਆਂ ਆ ਘੇਰਦੇ ਹਨ। ਤੂੰ ਸਮਝਦਾ ਹੈਂ ਕਿ ਮੋਹ ਦੀ ਨੀਂਦ ਮਿੱਠੀ ਨੀਂਦ ਹੈ, ਪਰ ਇਹ ਮੋਹ ਤੋਂ ਪੈਦਾ ਹੋਏ ਦੁੱਖਾਂ ਕਲੇਸ਼ਾਂ ਤੇ ਸਹਿਮਾਂ ਹੇਠ ਦੱਬੇ ਰਹਿਣਾ ਕਬਰ ਵਿਚ ਪੈਣ ਸਮਾਨ ਹੈ। ਇਹ ਦੁੱਖਾਂ ਕਲੇਸ਼ਾਂ ਸਹਿਮਾਂ ਭਰਿਆ ਜੀਵਨ ਸੁਖੀ ਜੀਵਨ ਨਹੀਂ ਹੈ)।
58520	1371	ਜਾ ਕਾ ਬਾਸਾ ਗੋਰ ਮਹਿ ਸੋ ਕਿਉ ਸੋਵੈ ਸੁਖ॥੧੨੭॥		Jaa Kaa Baasaa Gor Mehi So Kio Sovai Sukh ||127||	Those who live in the grave - how can they sleep in peace? ||127||	ਜਿਸ ਮਨੁੱਖ ਦਾ ਵਾਸ ਸਦਾ (ਅਜੇਹੀ) ਕਬਰ ਵਿਚ ਰਹੇ, ਉਹ ਕਦੇ ਸੁਖੀ ਜੀਵਨ ਜਿਊਂਦਾ ਨਹੀਂ ਕਿਹਾ ਜਾ ਸਕਦਾ ॥੧੨੭॥

58521	1371	ਕਬੀਰ ਸੂਤਾ ਕਿਆ ਕਰਹਿ ਉਠਿ ਕਿ ਨ ਜਪਹਿ ਮੁਰਾਰਿ॥		Kabeer Soothaa Kiaa Karehi Outh K N Japehi Muraar ||	Kabeer, what are you doing sleeping? Why not rise up and meditate on the Lord?	ਹੇ ਕਬੀਰ! ਮਾਇਆ ਦੇ ਮੋਹ ਵਿਚ ਮਸਤ ਹੋ ਕੇ ਕਿਉਂ ਉਮਰ ਅਜਾਈਂ ਗਵਾ ਰਿਹਾ ਹੈਂ? ਇਸ ਮੋਹ ਨੀਂਦ ਵਿਚੋਂ ਹੁਸ਼ਿਆਰ ਹੋ ਕੇ ਕਿਉਂ ਪਰਮਾਤਮਾ ਦਾ ਸਿਮਰਨ ਨਹੀਂ ਕਰਦਾ?
58522	1371	ਇਕ ਦਿਨ ਸੋਵਨੁ ਹੋਇਗੋ ਲਾਂਬੇ ਗੋਡ ਪਸਾਰਿ॥੧੨੮॥		Eik Dhin Sovan Hoeigo Laanbae Godd Pasaar ||128||	One day you shall sleep with your legs outstretched. ||128||	ਇਕ ਦਿਨ ਅਜੇਹਾ ਬੇ-ਬਸ ਹੋ ਕੇ ਸੌਣਾ ਪਏਗਾ ਕਿ ਮੁੜ ਉੱਠਿਆ ਹੀ ਨਹੀਂ ਜਾ ਸਕੇਗਾ (ਇਕ ਦਿਨ ਸਦਾ ਦੀ ਨੀਂਦਰੇ ਸੌਣਾ ਪਏਗਾ) ॥੧੨੮॥
58523	1371	ਕਬੀਰ ਸੂਤਾ ਕਿਆ ਕਰਹਿ ਬੈਠਾ ਰਹੁ ਅਰੁ ਜਾਗੁ॥		Kabeer Soothaa Kiaa Karehi Baithaa Rahu Ar Jaag ||	Kabeer, what are you doing sleeping? Wake up, and sit up.	ਹੇ ਕਬੀਰ! ਮਾਇਆ ਦੇ ਮੋਹ ਵਿਚ ਮਸਤ ਹੋ ਕੇ ਕਿਉਂ ਉਮਰ ਅਜਾਈਂ ਗਵਾ ਰਿਹਾ ਹੈਂ? ਹੁਸ਼ਿਆਰ ਹੋ, ਮਮਤਾ ਦੀ ਨੀਂਦ ਦੇ ਹੁਲਾਰੇ ਵਲੋਂ ਸੁਚੇਤ ਰਹੁ।
58524	1371	ਜਾ ਕੇ ਸੰਗ ਤੇ ਬੀਛੁਰਾ ਤਾਹੀ ਕੇ ਸੰਗ ਲਾਗੁ॥੧੨੯॥		Jaa Kae Sang Thae Beeshhuraa Thaa Hee Kae Sang Laag ||129||	Attach yourself to the One, from whom you have been separated. ||129||	ਜਿਸ ਪ੍ਰਭੂ ਦੀ ਯਾਦ ਤੋਂ ਵਿਛੁੜਿਆ ਹੋਇਆ ਹੈਂ (ਅਤੇ ਇਹ ਸਹਿਮ ਤੇ ਕਲੇਸ਼ ਸਹਾਰ ਰਿਹਾ ਹੈਂ) ਉਸੇ ਪ੍ਰਭੂ ਦੇ ਚਰਨਾਂ ਵਿਚ ਜੁੜਿਆ ਰਹੁ ॥੧੨੯॥

58525	1371	ਕਬੀਰ ਸੰਤ ਕੀ ਗੈਲ ਨ ਛੋਡੀਐ ਮਾਰਗਿ ਲਾਗਾ ਜਾਉ॥		Kabeer Santh Kee Gail N Shhoddeeai Maarag Laagaa Jaao ||	Kabeer, do not leave the Society of the Saints; walk upon this Path.	(ਪਰ) ਹੇ ਕਬੀਰ! (ਜੇ "ਜਾ ਕੇ ਸੰਗ ਤੇ ਬੀਛੁਰਾ, ਤਾਹੀ ਕੇ ਸੰਗ ਲਾਗੁ" ਵਾਲਾ ਉੱਦਮ ਕਰਨਾ ਹੈ ਤਾਂ) ਉਹ ਰਸਤਾ ਨਾਹ ਛੱਡੀਏ ਜਿਸ ਉੱਤੇ ਸੰਤ ਗੁਰਮੁਖਿ ਤੁਰਦੇ ਹਨ, ਉਹਨਾਂ ਦੇ ਰਸਤੇ ਉੱਤੇ ਤੁਰੇ ਚੱਲਣਾ ਚਾਹੀਦਾ ਹੈ।
58526	1371	ਪੇਖਤ ਹੀ ਪੁੰਨੀਤ ਹੋਇ ਭੇਟਤ ਜਪੀਐ ਨਾਉ॥੧੩੦॥		Paekhath Hee Punneeth Hoe Bhaettath Japeeai Naao ||130||	See them, and be sanctified; meet them, and chant the Name. ||130||	ਸੰਤਾਂ ਗੁਰਮੁਖਾਂ ਦਾ ਦਰਸ਼ਨ ਕੀਤਿਆਂ ਮਨ ਪਵਿਤ੍ਰ ਹੋ ਜਾਂਦਾ ਹੈ, ਉਹਨਾਂ ਦੇ ਪਾਸ ਬੈਠਿਆਂ ਪਰਮਾਤਮਾ ਦਾ ਨਾਮ ਸਿਮਰੀਦਾ ਹੈ (ਸਿਮਰਨ ਦਾ ਸ਼ੌਕ ਪੈ ਜਾਂਦਾ ਹੈ) ॥੧੩੦॥
58527	1371	ਕਬੀਰ ਸਾਕਤ ਸੰਗੁ ਨ ਕੀਜੀਐ ਦੂਰਹਿ ਜਾਈਐ ਭਾਗਿ॥	ਦੂਰ-ਹਿ	Kabeer Saakath Sang N Keejeeai Dhoorehi Jaaeeai Bhaag ||	Kabeer, do not associate with the faithless cynics; run far away from them.	ਹੇ ਕਬੀਰ! (ਜੇ "ਜਾ ਕੇ ਸੰਗ ਤੇ ਬੀਛੁਰਾ, ਤਾਹੀ ਕੇ ਸੰਗ ਲਾਗੁ" ਵਾਲਾ ਉੱਦਮ ਕਰਨਾ ਹੈ ਤਾਂ) ਰੱਬ ਨਾਲੋਂ ਟੁੱਟੇ ਹੋਏ ਬੰਦੇ ਦੀ ਸੁਹਬਤਿ ਨਹੀਂ ਕਰਨੀ ਚਾਹੀਦੀ, ਉਸ ਤੋਂ ਦੂਰ ਹੀ ਹਟ ਜਾਣਾ ਚਾਹੀਦਾ ਹੈ।
58528	1371	ਬਾਸਨੁ ਕਾਰੋ ਪਰਸੀਐ ਤਉ ਕਛੁ ਲਾਗੈ ਦਾਗੁ॥੧੩੧॥		Baasan Kaaro Paraseeai Tho Kashh Laagai Dhaag ||131||	If you touch a vessel stained with soot, some of the soot will stick to you. ||131||	(ਵੇਖ) ਜੇ ਕਿਸੇ ਕਾਲੇ ਭਾਂਡੇ ਨੂੰ ਛੋਹੀਏ, ਤਾਂ ਥੋੜਾ-ਬਹੁਤ ਦਾਗ਼ ਲੱਗ ਹੀ ਜਾਂਦਾ ਹੈ ॥੧੩੧॥

58529	1371	ਕਬੀਰਾ ਰਾਮੁ ਨ ਚੇਤਿਓ ਜਰਾ ਪਹੂੰਚਿਓ ਆਇ॥		Kabeeraa Raam N Chaethiou Jaraa Pehoonchiou Aae ||	Kabeer, you have not contemplated the Lord, and now old age has overtaken you.	ਹੇ ਕਬੀਰ! (ਜੇ "ਜਾ ਕੇ ਸੰਗ ਤੇ ਬੀਛੁਰਾ, ਤਾਹੀ ਕੇ ਸੰਗ ਲਾਗੁ" ਦਾ ਉੱਦਮ ਕਰਨਾ ਹੈ, ਤਾਂ ਇਹ ਵੇਲੇ-ਸਿਰ ਹੀ ਹੋ ਸਕਦਾ ਹੈ, ਸਾਧਾਰਨ ਤੌਰ ਤੇ ਬੁਢੇਪੇ ਤੋਂ ਪਹਿਲਾਂ ਪਹਿਲਾਂ ਹੀ ਇਹ ਉੱਦਮ ਕਰਨਾ ਚਾਹੀਦਾ ਹੈ; ਪਰ ਜੇ ਜੁਆਨੀ ਵਿਚ ਪਰਮਾਤਮਾ ਦਾ ਭਜਨ ਨਾਹ ਕੀਤਾ (ਉਤੋਂ) ਬੁਢੇਪਾ ਆ ਅੱਪੜਿਆ (ਇਸ ਉਮਰ ਤਕ ਮਾਇਆ ਦੇ ਮੋਹ ਵਿਚ ਫਸੇ ਰਿਹਾਂ ਬੇਅੰਤ ਮੰਦੇ ਸੰਸਕਾਰ ਅੰਦਰ ਜਮ੍ਹਾ ਹੁੰਦੇ ਗਏ, ਇਹ ਕਿਵੇਂ ਹੁਣ ਸਿਮਰਨ ਵਲ ਪਰਤਣ ਦੇਣਗੇ?)।
58530	1371	ਲਾਗੀ ਮੰਦਿਰ ਦੁਆਰ ਤੇ ਅਬ ਕਿਆ ਕਾਢਿਆ ਜਾਇ॥੧੩੨॥		Laagee Mandhir Dhuaar Thae Ab Kiaa Kaadtiaa Jaae ||132||	Now that the door of your mansion is on fire, what can you take out? ||132||	ਜੇ ਕਿਸੇ ਘਰ ਨੂੰ ਬੂਹੇ ਵਲੋਂ ਹੀ ਅੱਗ ਲੱਗ ਜਾਏ, ਤਾਂ ਉਸ ਵੇਲੇ (ਘਰ ਵਿਚੋਂ) ਬਹੁਤਾ ਕੁਝ (ਸੜਨੋਂ) ਬਚਾਇਆ ਨਹੀਂ ਜਾ ਸਕਦਾ (ਇਸੇ ਤਰ੍ਹਾਂ ਜੇ ਜੁਆਨੀ ਵਿਕਾਰਾਂ ਵਿਚ ਗਲ ਜਾਏ, ਤਾਂ ਬੁਢੇਪੇ ਵਿਚ ਉਮਰ ਦੇ ਗਿਣਤੀ ਦੇ ਦਿਨ ਹੋਣ ਕਰਕੇ ਜੀਵਨ ਬਹੁਤ ਸੰਵਾਰਿਆ ਨਹੀਂ ਜਾ ਸਕਦਾ ॥੧੩੨॥

58531	1371	ਕਬੀਰ ਕਾਰਨੁ ਸੋ ਭਇਓ ਜੋ ਕੀਨੋ ਕਰਤਾਰ॥		Kabeer Kaaran So Bhaeiou Jo Keeno Karathaar ||	Kabeer, the Creator does whatever He pleases.	(ਪਰ) ਹੇ ਕਬੀਰ! (ਜੇ ਸਿਮਰਨ ਤੋਂ ਖੁੰਝਿਆਂ ਹੀ ਜੁਆਨੀ ਲੰਘ ਗਈ ਹੈ ਅਤੇ ਬੁਢੇਪਾ ਆ ਜਾਣ ਤੇ ਹੁਣ ਸੂਝ ਪਈ ਹੈ, ਤਾਂ ਭੀ ਨਿਰਾਸ ਹੋਣ ਦੀ ਲੋੜ ਨਹੀਂ। ਸਿਮਰਨ ਪ੍ਰਭੂ ਦੀ ਆਪਣੀ ਬਖ਼ਸ਼ਸ਼ ਹੈ ਜਦੋਂ ਦੇਵੇ ਤਦੋਂ ਹੀ ਜੀਵ ਸਿਮਰਨ ਕਰ ਸਕਦਾ ਹੈ। ਜੁਆਨੀ ਹੋਵੇ ਚਾਹੇ ਬੁਢੇਪਾ, ਸਿਮਰਨ ਕਰਨ ਦਾ) ਸਬਬ ਉਹੀ ਬਣਦਾ ਹੈ ਜੋ ਕਰਤਾਰ ਆਪ ਬਣਾਏ;
58532	1371	ਤਿਸੁ ਬਿਨੁ ਦੂਸਰੁ ਕੋ ਨਹੀ ਏਕੈ ਸਿਰਜਨਹਾਰੁ॥੧੩੩॥		This Bin Dhoosar Ko Nehee Eaekai Sirajanehaar ||133||	There is none other than Him; He alone is the Creator of all. ||133||	(ਇਹ ਦਾਤ ਕਿਸੇ ਭੀ ਜੀਵ ਦੇ ਹੱਥ ਵਿਚ ਨਹੀਂ ਹੈ, ਇਹ ਸਬਬ ਬਣਾਣ ਵਾਲਾ) ਉਸ ਪਰਮਾਤਮਾ ਤੋਂ ਬਿਨਾਂ ਹੋਰ ਕੋਈ ਨਹੀਂ, ਸਿਰਫ਼ ਸ੍ਰਿਸ਼ਟੀ ਦਾ ਰਚਨਹਾਰ ਆਪ ਹੀ ਇਹ ਸਬਬ ਬਣਾਣ-ਜੋਗਾ ਹੈ ॥੧੩੩॥
58533	1371	ਕਬੀਰ ਫਲ ਲਾਗੇ ਫਲਨਿ ਪਾਕਨਿ ਲਾਗੇ ਆਂਬ॥		Kabeer Fal Laagae Falan Paakan Laagae Aaanb ||	Kabeer, the fruit trees are bearing fruit, and the mangoes are becoming ripe.	ਹੇ ਕਬੀਰ! ਅੰਬਾਂ ਦੇ ਬੂਟਿਆਂ ਨੂੰ (ਪਹਿਲਾਂ) ਫਲ ਲੱਗਦੇ ਹਨ, ਤੇ (ਸਹਜੇ ਸਹਜੇ ਫਿਰ ਉਹ) ਪੱਕਣੇ ਸ਼ੁਰੂ ਹੁੰਦੇ ਹਨ;

58534	1371	ਜਾਇ ਪਹੂਚਹਿ ਖਸਮ ਕਉ ਜਉ ਬੀਚਿ ਨ ਖਾਹੀ ਕਾਂਬ॥੧੩੪॥	ਪਹੂਚ-ਹਿ	Jaae Pehoochehi Khasam Ko Jo Beech N Khaahee Kaanb ||134||	They will reach the owner, only if the crows do not eat them first. ||134||	ਪੱਕਣ ਤੋਂ ਪਹਿਲਾਂ ਜੇ ਇਹ ਅੰਬ (ਹਨੇਰੀ ਆਦਿਕ ਨਾਲ ਟਹਿਣੀ ਨਾਲੋਂ) ਹਿੱਲ ਨਾਹ ਜਾਣ ਤਾਂ ਹੀ ਮਾਲਕ ਤਕ ਅੱਪੜਦੇ ਹਨ ॥੧੩੪॥
58535	1371	ਕਬੀਰ ਠਾਕੁਰੁ ਪੂਜਹਿ ਮੋਲਿ ਲੇ ਮਨ ਹਠ ਤੀਰਥ ਜਾਹਿ॥		Kabeer Thaakur Poojehi Mol Lae Manehath Theerathh Jaahi ||	Kabeer, some buy idols and worship them; in their stubborn-mindedness, they make pilgrimages to sacred shrines.	ਹੇ ਕਬੀਰ! ਜੋ ਲੋਕ ਠਾਕੁਰ (ਦੀ ਮੂਰਤੀ) ਮੁੱਲ ਲੈ ਕੇ (ਉਸ ਦੀ) ਪੂਜਾ ਕਰਦੇ ਹਨ, ਅਤੇ ਮਨ ਦੇ ਹਠ ਨਾਲ ਤੀਰਥਾਂ ਤੇ ਜਾਂਦੇ ਹਨ,
58536	1371	ਦੇਖਾ ਦੇਖੀ ਸ੍ਵਾਂਗੁ ਧਰਿ ਭੂਲੇ ਭਟਕਾ ਖਾਹਿ॥੧੩੫॥	ਸੁਆਂਗੁ	Dhaekhaa Dhaekhee Svaang Dhhar Bhoolae Bhattakaa Khaahi ||135||	They look at one another, and wear religious robes, but they are deluded and lost. ||135||	(ਅਸਲ ਵਿਚ ਉਹ ਲੋਕ) ਇਕ ਦੂਜੇ ਨੂੰ (ਇਹ ਕੰਮ ਕਰਦਿਆਂ) ਵੇਖ ਕੇ ਸਾਂਗ ਬਣਾਈ ਜਾਂਦੇ ਹਨ (ਇਸ ਵਿਚ ਅਸਲੀਅਤ ਕੋਈ ਨਹੀਂ ਹੁੰਦੀ, ਸਭ ਕੁਝ ਲੋਕਾਂ ਵਿਚ ਚੰਗਾ ਅਖਵਾਣ ਲਈ ਹੀ ਕੀਤਾ ਜਾਂਦਾ ਹੈ, ਹਿਰਦੇ ਵਿਚ ਪਰਮਾਤਮਾ ਦੇ ਪਿਆਰ ਦਾ ਕੋਈ ਹੁਲਾਰਾ ਨਹੀਂ ਹੁੰਦਾ, ਸਹੀ ਰਾਹ ਤੋਂ ਖੁੰਝੇ ਹੋਏ ਇਹ ਲੋਕ ਭਟਕਦੇ ਹਨ ॥੧੩੫॥

58537	1371	ਕਬੀਰ ਪਾਹਨ ਪਰਮੇਸੁਰੁ ਕੀਆ ਪੂਜੈ ਸਭੁ ਸੰਸਾਰੁ॥		Kabeer Paahan Paramaesur Keeaa Poojai Sabh Sansaar ||	Kabeer, someone sets up a stone idol and all the world worships it as the Lord.	ਹੇ ਕਬੀਰ! (ਪੰਡਿਤਾਂ ਦੇ ਪਿੱਛੇ ਲੱਗਾ ਹੋਇਆ ਇਹ) ਸਾਰਾ ਜਗਤ ਪੱਥਰ (ਦੀ ਮੂਰਤੀ) ਨੂੰ ਪਰਮੇਸਰ ਮਿਥ ਰਿਹਾ ਹੈ ਤੇ ਇਸ ਦੀ ਪੂਜਾ ਕਰ ਰਿਹਾ ਹੈ।
58538	1371	ਇਸ ਭਰਵਾਸੇ ਜੋ ਰਹੇ ਬੂਡੇ ਕਾਲੀ ਧਾਰ॥੧੩੬॥	ਕਾਲ ਰੂਪੀ ਧਾਰ ਚ (ਬੂਡੇ) ਡੁੱਬੇ ਹਨ	Eis Bharavaasae Jo Rehae Booddae Kaalee Dhhaar ||136||	Those who hold to this belief will be drowned in the river of darkness. ||136||	ਜਿਨ੍ਹਾਂ ਮਨੁੱਖਾਂ ਨੂੰ ਇਹ ਖ਼ਿਆਲ ਬਣਿਆ ਹੋਇਆ ਹੈ ਕਿ ਪੱਥਰ ਨੂੰ ਪੂਜ ਕੇ ਉਹ ਪਰਮਾਤਮਾ ਦੀ ਭਗਤੀ ਕਰ ਰਹੇ ਹਨ ਉਹ ਡੂੰਘੇ ਪਾਣੀਆਂ ਵਿਚ ਡੁੱਬੇ ਸਮਝੋ (ਜਿਥੋਂ ਉਹਨਾਂ ਦਾ ਕੋਈ ਥਹੁ-ਪਤਾ ਹੀ ਨਹੀਂ ਲੱਗਣਾ) ॥੧੩੬॥
58539	1371	ਕਬੀਰ ਕਾਗਦ ਕੀ ਓਬਰੀ ਮਸੁ ਕੇ ਕਰਮ ਕਪਾਟ॥	(ਓਬਰੀ) ਕੋਠੜੀ। (ਕਰਮ) ਅੱਖਰ। (ਕਪਾਟ) ਤਖ਼ਤੇ। ਮੱਸੁ	Kabeer Kaagadh Kee Oubaree Mas Kae Karam Kapaatt ||	Kabeer, the paper is the prison, and the ink of rituals are the bars on the windows.	ਹੇ ਕਬੀਰ! (ਇਹਨਾਂ ਪੰਡਿਤਾਂ ਦੇ) ਸ਼ਾਸਤ੍ਰ, ਮਾਨੋ ਕੈਦਖ਼ਾਨਾ ਹਨ, (ਇਹਨਾਂ ਸ਼ਾਸਤ੍ਰਾਂ ਵਿਚ) ਸਿਆਹੀ ਨਾਲ ਲਿਖੀ ਹੋਈ ਕਰਮ-ਕਾਂਡ ਦੀ ਮਰਯਾਦਾ, ਮਾਨੋ, ਉਸ ਕੈਦਖ਼ਾਨੇ ਦੇ ਬੰਦ ਦਰਵਾਜ਼ੇ ਹਨ।

58540	1371	ਪਾਹਨ ਬੋਰੀ ਪਿਰਥਮੀ ਪੰਡਿਤ ਪਾੜੀ ਬਾਟ॥੧੩੭॥		Paahan Boree Pirathhamee Panddith Paarree Baatt ||137||	The stone idols have drowned the world, and the Pandits, the religious scholars, have plundered it on the way. ||137||	(ਇਸ ਕੈਦਖ਼ਾਨੇ ਵਿਚ ਰੱਖੀਆਂ) ਪੱਥਰ ਦੀਆਂ ਮੂਰਤੀਆਂ ਨੇ ਧਰਤੀ ਨੇ ਬੰਦਿਆਂ ਨੂੰ (ਸੰਸਾਰ-ਸਮੁੰਦਰ ਵਿਚ) ਡੋਬ ਦਿੱਤਾ ਹੈ, ਪੰਡਿਤ ਲੋਕ ਡਾਕੇ ਮਾਰ ਰਹੇ ਹਨ (ਭਾਵ, ਸਾਦਾ-ਦਿਲ ਲੋਕਾਂ ਨੂੰ ਸ਼ਾਸਤ੍ਰਾਂ ਦੀ ਕਰਮ-ਕਾਂਡ ਦੀ ਮਰਯਾਦਾ ਤੇ ਮੂਰਤੀ-ਪੂਜਾ ਵਿਚ ਲਾ ਕੇ ਦੱਛਣਾ-ਦਾਨ ਆਦਿ ਦੀ ਰਾਹੀਂ ਲੁੱਟ ਰਹੇ ਹਨ) ॥੧੩੭॥
58541	1371	ਕਬੀਰ ਕਾਲਿ ਕਰੰਤਾ ਅਬਹਿ ਕਰੁ ਅਬ ਕਰਤਾ ਸੁਇਤਾਲ॥	(ਸੁਇ-ਤਾਲ) ਛੇਤੀ	Kabeer Kaal Karanthaa Abehi Kar Ab Karathaa Sue Thaal ||	Kabeer, that which you have to do tomorrow - do it today instead; and that which you have to do now - do it immediately!	(ਸ਼ਲੋਕ ਨੰ: ੧੩੨ ਦੇ ਖ਼ਿਆਲ ਨੂੰ ਮੁੜ ਜਾਰੀ ਰੱਖਦੇ ਹੋਏ ਆਖਦੇ ਹਨ ਕਿ:) ਹੇ ਕਬੀਰ! (ਪਰਮਾਤਮਾ ਦਾ ਸਿਮਰਨ ਕਰਨ ਵਿਚ ਕਦੇ ਆਲਸ ਨਾਹ ਕਰ) ਭਲਕੇ (ਸਿਮਰਨ ਕਰਾਂਗਾ, ਇਹ ਸਲਾਹ) ਕਰਦਾ ਹੁਣੇ ਹੀ (ਸਿਮਰਨ) ਕਰ (ਭਲਕੇ ਸਿਮਰਨ ਸ਼ੁਰੂ ਕਰਨ ਦੇ ਥਾਂ ਹੁਣੇ ਹੀ ਸ਼ੁਰੂ ਕਰ ਦੇਹ। ਨਹੀਂ ਤਾਂ ਭਲਕ ਭਲਕ ਕਰਦਿਆਂ)

58542	1371	ਪਾਛੈ ਕਛੂ ਨ ਹੋਇਗਾ ਜਉ ਸਿਰ ਪਰ ਆਵੈ ਕਾਲੁ॥੧੩੮॥		Paashhai Kashhoo N Hoeigaa Jo Sir Par Aavai Kaal ||138||	Later on, you will not be able to do anything, when death hangs over your head. ||138||	ਜਦੋਂ ਮੌਤ ਸਿਰ ਤੇ ਆ ਜਾਂਦੀ ਹੈ ਉਸ ਵੇਲੇ ਸਮਾਂ ਵਿਹਾ ਜਾਣ ਤੇ ਕੁਝ ਨਹੀਂ ਹੋ ਸਕਦਾ ॥੧੩੮॥
58543	1371	ਕਬੀਰ ਐਸਾ ਜੰਤੁ ਇਕੁ ਦੇਖਿਆ ਜੈਸੀ ਧੋਈ ਲਾਖ॥		Kabeer Aisaa Janth Eik Dhaekhiaa Jaisee Dhhoee Laakh ||	Kabeer, I have seen a person, who is as shiny as washed wax.	ਹੇ ਕਬੀਰ! ਮੈਂ ਇਕ ਅਜੇਹਾ ਮਨੁੱਖ ਵੇਖਿਆ (ਜਿਸ ਨੇ ਕਦੇ ਪਰਮਾਤਮਾ ਦਾ ਸਿਮਰਨ ਨਹੀਂ ਸੀ ਕੀਤਾ) ਉਹ (ਬਾਹਰੋਂ ਵੇਖਣ ਨੂੰ) ਧੋਤੀ ਹੋਈ ਚਮਕਦੀ ਲਾਖ ਵਰਗਾ ਸੀ।
58544	1371	ਦੀਸੈ ਚੰਚਲੁ ਬਹੁ ਗੁਨਾ ਮਤਿ ਹੀਨਾ ਨਾਪਾਕ॥੧੩੯॥		Dheesai Chanchal Bahu Gunaa Math Heenaa Naapaak ||139||	He seems very clever and very virtuous, but in reality, he is without understanding, and corrupt. ||139||	ਪ੍ਰਭੂ ਦੀ ਯਾਦ ਤੋਂ ਖੁੰਝਿਆ ਹੋਇਆ ਮਨੁੱਖ ਭਾਵੇਂ ਬਹੁਤ ਹੀ ਚੁਸਤ-ਚਲਾਕ ਦਿੱਸਦਾ ਹੋਵੇ, ਪਰ ਉਹ ਅਸਲ ਵਿਚ ਅਕਲ ਤੋਂ ਸੱਖਣਾ ਹੁੰਦਾ ਹੈ ਕਿਉਂਕਿ ਪ੍ਰਭੂ ਤੋਂ ਵਿਛੁੜ ਕੇ ਉਸ ਦਾ ਜੀਵਨ ਗੰਦਾ ਹੁੰਦਾ ਹੈ ॥੧੩੯॥

58545	1371	ਕਬੀਰ ਮੇਰੀ ਬੁਧਿ ਕਉ ਜਮੁ ਨ ਕਰੈ ਤਿਸਕਾਰ॥	(ਤਿਸਕਾਰ) ਨਿਰਾਦਰੀ	Kabeer Maeree Budhh Ko Jam N Karai Thisakaar ||	Kabeer, the Messenger of Death shall not compromise my understanding.	ਹੇ ਕਬੀਰ! (ਪ੍ਰਭੂ ਦੀ ਯਾਦ ਤੋਂ ਭੁੱਲਾ ਹੋਇਆ ਮਨੁੱਖ ਬੜਾ ਚੁਸਤ-ਚਾਲਾਕ ਹੁੰਦਾ ਹੋਇਆ ਭੀ ਅਕਲ-ਹੀਣ ਤੇ ਫਿਟਕਾਰ-ਜੋਗ ਹੁੰਦਾ ਹੈ ਕਿਉਂਕਿ ਉਸ ਦਾ ਜੀਵਨ ਨੀਵਾਂ ਰਹਿ ਜਾਂਦਾ ਹੈ। ਪਰ ਮੇਰੇ ਉਤੇ ਪ੍ਰਭੂ ਦੀ ਮੇਹਰ ਹੋਈ ਹੈ, ਦੁਨੀਆ ਦੇ ਲੋਕ ਤਾਂ ਕਿਤੇ ਰਹੇ) ਮੇਰੀ ਅਕਲ ਨੂੰ ਜਮਰਾਜ ਭੀ ਫਿਟਕਾਰ ਨਹੀਂ ਪਾ ਸਕਦਾ,
58546	1371	ਜਿਨਿ ਇਹੁ ਜਮੂਆ ਸਿਰਜਿਆ ਸੁ ਜਪਿਆ ਪਰਵਿਦਗਾਰ॥੧੪੦॥	ਪਰ-ਵਿਦ-ਗਾਰ	Jin Eihu Jamooaa Sirajiaa S Japiaa Paravidhagaar ||140||	I have meditated on the Lord, the Cherisher, who created this Messenger of Death. ||140||	ਕਿਉਂਕਿ ਮੈਂ ਉਸ ਪਾਲਣਹਾਰ ਪ੍ਰਭੂ ਨੂੰ ਸਿਮਰਿਆ ਹੈ ਜਿਸ ਨੇ ਇਸ ਵਿਚਾਰੇ ਜਮ ਨੂੰ ਪੈਦਾ ਕੀਤਾ ਹੈ ॥੧੪੦॥

58547	1371	ਕਬੀਰੁ ਕਸਤੂਰੀ ਭਇਆ ਭਵਰ ਭਏ ਸਭ ਦਾਸ॥		Kabeer Kasathooree Bhaeiaa Bhavar Bheae Sabh Dhaas ||	Kabeer, the Lord is like musk; all His slaves are like bumble bees.	(ਭਗਤੀ ਕਰਨ ਵਾਲਿਆਂ ਨੂੰ) ਪਰਮਾਤਮਾ (ਇਉਂ ਪ੍ਰਤੀਤ ਹੁੰਦਾ ਹੈ ਜਿਵੇਂ) ਕਸਤੂਰੀ ਹੈ, ਸਾਰੇ ਭਗਤ ਉਸ ਦੇ ਭੌਰੇ ਬਣ ਜਾਂਦੇ ਹਨ (ਜਿਵੇਂ ਭੌਰੇ ਫੁੱਲ ਦੀ ਸੁਗੰਧੀ ਵਿਚ ਮਸਤ ਹੋ ਜਾਂਦੇ ਹਨ ਤੇ ਕਿਤੇ ਗੰਦੀ-ਮੰਦੀ ਬੂ ਵਾਲੇ ਥਾਂ ਵਲ ਨਹੀਂ ਜਾਂਦੇ, ਤਿਵੇਂ ਭਗਤ ਪਰਮਾਤਮਾ ਦੇ ਪਿਆਰ ਦੀ ਸੁਗੰਧੀ ਵਿਚ ਲੀਨ ਰਹਿੰਦੇ ਹਨ ਤੇ ਮਾਇਕ ਪਦਾਰਥਾਂ ਵਲ ਨਹੀਂ ਪਰਤਦੇ)।
58548	1372	ਜਿਉ ਜਿਉ ਭਗਤਿ ਕਬੀਰ ਕੀ ਤਿਉ ਤਿਉ ਰਾਮ ਨਿਵਾਸ॥੧੪੧॥		Jio Jio Bhagath Kabeer Kee Thio Thio Raam Nivaas ||141||	The more Kabeer worships Him, the more the Lord abides within his mind. ||141||	ਜਿਉਂ ਜਿਉਂ ਉਹ ਪਰਮਾਤਮਾ ਦੀ ਭਗਤੀ ਕਰਦੇ ਹਨ, ਤਿਉਂ ਤਿਉਂ ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਿਵਾਸ ਹੋ ਜਾਂਦਾ ਹੈ (ਅਜੇਹੇ ਮਨੁੱਖਾਂ ਦੀ ਅਕਲ ਨੂੰ ਕੌਣ ਫਿਟਕਾਰ ਪਾ ਸਕਦਾ ਹੈ?) ॥੧੪੧॥
58549	1372	ਕਬੀਰ ਗਹਗਚਿ ਪਰਿਓ ਕੁਟੰਬ ਕੈ ਕਾਂਠੈ ਰਹਿ ਗਇਓ ਰਾਮੁ॥	(ਗਹ-ਗਚਿ) ਪਕੜ ਚ ਖੱਚਿਤ। (ਕਾਂਠੈ) ਕਿਨਾਰੇ	Kabeer Gehagach Pariou Kuttanb Kai Kaanthai Rehi Gaeiou Raam ||	Kabeer, the mortal has fallen into the grip of family life, and the Lord has been set aside.	ਹੇ ਕਬੀਰ! ਜੋ ਮਨੁੱਖ ਟੱਬਰ ਦੇ ਗਾੜ੍ਹ ਵਿਚ ਹੀ ਫਸਿਆ ਰਹਿੰਦਾ ਹੈ, ਪਰਮਾਤਮਾ (ਦਾ ਭਜਨ ਉਸ ਦੇ ਹਿਰਦੇ ਤੋਂ) ਲਾਂਭੇ ਹੀ ਰਹਿ ਜਾਂਦਾ ਹੈ।

58550	1372	ਆਇ ਪਰੇ ਧਰਮਰਾਇ ਕੇ ਬੀਚਹਿ ਧੂਮਾ ਧਾਮ॥੧੪੨॥		Aae Parae Dhharam Raae Kae Beechehi Dhhoomaa Dhhaam ||142||	The messengers of the Righteous Judge of Dharma descend upon the mortal, in the midst of all his pomp and ceremony. ||142||	ਇਸ ਰੌਲੇ-ਗੌਲੇ ਵਿਚ ਹੀ ਫਸੇ ਹੋਏ ਦੇ ਪਾਸ ਧਰਮਰਾਜ ਦੇ ਭੇਜੇ ਹੋਏ ਦੂਤ ਆ ਅੱਪੜਦੇ ਹਨ ('ਰਾਮੁ ਨ ਚੇਤਿਓ, ਜਰਾ ਪਹੂੰਚਿਓ ਆਇ') ॥੧੪੨॥
58551	1372	ਕਬੀਰ ਸਾਕਤ ਤੇ ਸੂਕਰ ਭਲਾ ਰਾਖੈ ਆਛਾ ਗਾਉ॥		Kabeer Saakath Thae Sookar Bhalaa Raakhai Aashhaa Gaao ||	Kabeer, even a pig is better than the faithless cynic; at least the pig keeps the village clean.	ਹੇ ਕਬੀਰ! (ਕੁਟੰਬ ਦੇ ਗਹਗਚ ਵਿਚ ਪੈ ਕੇ ਪਰਮਾਤਮਾ ਨੂੰ ਵਿਸਾਰ ਦੇਣ ਵਾਲੇ) ਸਾਕਤ ਨਾਲੋਂ ਤਾਂ ਸੂਰ ਹੀ ਚੰਗਾ ਜਾਣੋ (ਪਿੰਡ ਦੇ ਦੁਆਲੇ ਦਾ ਗੰਦ ਖਾ ਕੇ) ਪਿੰਡ ਨੂੰ ਸਾਫ਼-ਸੁਥਰਾ ਰੱਖਦਾ ਹੈ।
58552	1372	ਉਹੁ ਸਾਕਤੁ ਬਪੁਰਾ ਮਰਿ ਗਇਆ ਕੋਇ ਨ ਲੈਹੈ ਨਾਉ॥੧੪੩॥		Ouhu Saakath Bapuraa Mar Gaeiaa Koe N Laihai Naao ||143||	When the wretched, faithless cynic dies, no one even mentions his name. ||143||	ਜਦੋਂ ਉਹ ਮੰਦ-ਭਾਗੀ ਸਾਕਤ ਮਰ ਜਾਂਦਾ ਹੈ ਕਿਸੇ ਨੂੰ ਉਸ ਦਾ ਚੇਤਾ ਭੀ ਨਹੀਂ ਰਹਿ ਜਾਂਦਾ (ਭਾਵੇਂ ਉਹ ਜਿਉਂਦਿਆਂ ਕਿਤਨਾ ਹੀ ਵੱਡਾ ਬਣ ਬਣ ਬਹਿੰਦਾ ਰਿਹਾ ਹੋਵੇ) ॥੧੪੩॥
58553	1372	ਕਬੀਰ ਕਉਡੀ ਕਉਡੀ ਜੋਰਿ ਕੈ ਜੋਰੇ ਲਾਖ ਕਰੋਰਿ॥		Kabeer Kouddee Kouddee Jor Kai Jorae Laakh Karor ||	Kabeer, the mortal gathers wealth, shell by shell, accumulating thousands and millions.	ਹੇ ਕਬੀਰ! (ਪ੍ਰਭੂ ਨਾਲੋਂ ਟੁੱਟ ਕੇ ਨਿਰੀ ਮਾਇਆ ਜੋੜਨ ਦਾ ਭੀ ਕੀਹ ਲਾਭ?) ਜਿਸ ਮਨੁੱਖ ਨੇ ਤਰਲਿਆਂ ਨਾਲ ਜੋੜ ਕੇ ਲੱਖਾਂ ਕ੍ਰੋੜਾਂ ਰੁਪਏ ਭੀ ਇਕੱਠੇ ਕਰ ਲਏ ਹੋਣ,

58554	1372	ਚਲਤੀ ਬਾਰ ਨ ਕਛੁ ਮਿਲਿਓ ਲਈ ਲੰਗੋਟੀ ਤੋਰਿ॥੧੪੪॥		Chalathee Baar N Kashh Miliou Lee Langottee Thor ||144||	But when the time of his departure comes, he takes nothing at all with him. He is even stripped of his loin-cloth. ||144||	(ਤੇ ਇਸ ਜੋੜੇ ਹੋਏ ਧਨ ਦਾ ਇਤਨਾ ਖ਼ਿਆਲ ਰੱਖਦਾ ਹੋਵੇ ਕਿ ਵਾਂਸਲੀ ਵਿਚ ਪਾ ਕੇ ਲੱਕ ਨਾਲ ਬੰਨ੍ਹੀ ਫਿਰਦਾ ਹੋਵੇ, ਉਸ ਨੂੰ ਭੀ) ਮਰਨ ਵੇਲੇ ਕੁਝ ਪ੍ਰਾਪਤ ਨਹੀਂ ਹੁੰਦਾ, (ਉਸ ਦੇ ਸੰਬੰਧੀ) ਉਸ ਦੀ ਵਾਂਸਲੀ ਭੀ ਤੋੜ ਕੇ ਲਾਹ ਲੈਂਦੇ ਹਨ ॥੧੪੪॥
58555	1372	ਕਬੀਰ ਬੈਸਨੋ ਹੂਆ ਤ ਕਿਆ ਭਇਆ ਮਾਲਾ ਮੇਲੀਂ ਚਾਰਿ॥		Kabeer Baisano Hooaa Th Kiaa Bhaeiaa Maalaa Maeleen Chaar ||	Kabeer, what good is it to become a devotee of Vishnu, and wear four malas?	ਹੇ ਕਬੀਰ! (ਪ੍ਰਭੂ ਦਾ ਸਿਮਰਨ ਛੱਡ ਕੇ ਨਿਰਾ ਧਨ ਕਮਾਣ ਵਾਲੇ ਬੰਦੇ ਉਮਰ ਅਜਾਈਂ ਗਵਾਂਦੇ ਹਨ ਕਿਉਂਕਿ ਧਨ ਇਥੇ ਹੀ ਪਿਆ ਰਹਿੰਦਾ ਹੈ। ਪਰ ਨਿਰ ਭੇਖ ਨੂੰ ਹੀ ਭਗਤੀ-ਮਾਰਗ ਸਮਝਣ ਵਾਲੇ ਭੀ ਕੁਝ ਨਹੀਂ ਖੱਟ ਰਹੇ) ਜੇ ਕਿਸੇ ਮਨੁੱਖ ਨੇ ਤਿਲਕ ਚੱਕ੍ਰ ਲਾ ਕੇ ਅਤੇ ਚਾਰ ਮਾਲਾ ਪਾ ਕੇ ਆਪਣੇ ਆਪ ਨੂੰ ਵੈਸ਼ਨਵ ਭਗਤ ਅਖਵਾ ਲਿਆ, ਉਸ ਨੇ ਭੀ ਕੁਝ ਨਹੀਂ ਖੱਟਿਆ।
58556	1372	ਬਾਹਰਿ ਕੰਚਨੁ ਬਾਰਹਾ ਭੀਤਰਿ ਭਰੀ ਭੰਗਾਰ॥੧੪੫॥	(ਬਾਰਹਾ) ਬਾਰਾਂ ਵੰਨੀ ਦਾ।ਪਾਪਾਂ ਵਿਸ਼ਿਆਂ ਦੀ (ਭੰਗਾਰ) ਲਾਖ। ਬਾ-ਹਰਿ	Baahar Kanchan Baarehaa Bheethar Bharee Bhangaar ||145||	On the outside, he may look like pure gold, but on the inside, he is stuffed with dust. ||145||	(ਇਸ ਧਾਰਮਿਕ ਭੇਖ ਦੇ ਕਾਰਨ) ਬਾਹਰੋਂ ਵੇਖਣ ਨੂੰ ਭਾਵੇਂ ਸ਼ੁੱਧ ਸੋਨਾ ਦਿਸੇ, ਪਰ ਉਸ ਦੇ ਅੰਦਰ ਖੋਟ ਹੀ ਖੋਟ ਹੈ ॥੧੪੫॥

58557	1372	ਕਬੀਰ ਰੋੜਾ ਹੋਇ ਰਹੁ ਬਾਟ ਕਾ ਤਜਿ ਮਨ ਕਾ ਅਭਿਮਾਨੁ॥		Kabeer Rorraa Hoe Rahu Baatt Kaa Thaj Man Kaa Abhimaan ||	Kabeer, let yourself be a pebble on the path; abandon your egotistical pride.	ਹੇ ਕਬੀਰ! (ਜੇ 'ਜਾ ਕੇ ਸੰਗ ਤੇ ਬੀਛੁਰਾ, ਤਾ ਹੀ ਕੇ ਸੰਗਿ' ਮਿਲਣ ਦੀ ਤਾਂਘ ਹੈ, ਤਾਂ) ਅਹੰਕਾਰ ਛੱਡ ਕੇ ਰਾਹ ਵਿਚ ਪਏ ਹੋਏ ਰੋੜੇ ਵਰਗਾ ਹੋ ਜਾਹ (ਤੇ ਹਰੇਕ ਰਾਹੀ ਦੇ ਠੇਡੇ ਸਹਾਰ)!
58558	1372	ਐਸਾ ਕੋਈ ਦਾਸੁ ਹੋਇ ਤਾਹਿ ਮਿਲੈ ਭਗਵਾਨੁ॥੧੪੬॥		Aisaa Koee Dhaas Hoe Thaahi Milai Bhagavaan ||146||	Such a humble slave shall meet the Lord God. ||146||	ਜੇਹੜਾ ਕੋਈ ਮਨੁੱਖ ਅਜੇਹਾ ਸੇਵਕ ਬਣ ਜਾਂਦਾ ਹੈ, ਉਸ ਨੂੰ ਪਰਮਾਤਮਾ ਮਿਲ ਪੈਂਦਾ ਹੈ ॥੧੪੬॥
58559	1372	ਕਬੀਰ ਰੋੜਾ ਹੂਆ ਤ ਕਿਆ ਭਇਆ ਪੰਥੀ ਕਉ ਦੁਖੁ ਦੇਇ॥	ਦੇ-ਇ	Kabeer Rorraa Hooaa Th Kiaa Bhaeiaa Panthhee Ko Dhukh Dhaee ||	Kabeer, what good would it be, to be a pebble? It would only hurt the traveller on the path.	ਪਰ ਹੇ ਕਬੀਰ! ਰੋੜਾ ਬਣਿਆਂ ਭੀ ਅਜੇ ਪੂਰੀ ਕਾਮਯਾਬੀ ਨਹੀਂ ਹੁੰਦੀ, ਕਿਉਂਕਿ (ਰੋੜਾ ਠੇਡੇ ਤਾਂ ਸਹਾਰਦਾ ਹੈ, ਪਰ ਨੰਗੀਂ ਪੈਰੀਂ ਤੁਰਨ ਵਾਲੇ) ਰਾਹੀਆਂ ਦੇ ਪੈਰਾਂ ਵਿਚ ਚੁੱਭਦਾ ਭੀ ਹੈ (ਤੂੰ ਕਿਸੇ ਨੂੰ ਦੁੱਖ ਨਹੀਂ ਦੇਣਾ)।
58560	1372	ਐਸਾ ਤੇਰਾ ਦਾਸੁ ਹੈ ਜਿਉ ਧਰਨੀ ਮਹਿ ਖੇਹ॥੧੪੭॥		Aisaa Thaeraa Dhaas Hai Jio Dhharanee Mehi Khaeh ||147||	Your slave, O Lord, is like the dust of the earth. ||147||	ਹੇ ਪ੍ਰਭੂ! ਤੇਰਾ ਭਗਤ ਤਾਂ ਅਜੇਹਾ (ਨਰਮ-ਦਿਲ) ਬਣ ਜਾਂਦਾ ਹੈ ਜਿਵੇਂ ਰਾਹ ਦੀ ਬਾਰੀਕ ਧੂੜ ॥੧੪੭॥

58561	1372	ਕਬੀਰ ਖੇਹ ਹੂਈ ਤਉ ਕਿਆ ਭਇਆ ਜਉ ਉਡਿ ਲਾਗੈ ਅੰਗ॥		Kabeer Khaeh Hooee Tho Kiaa Bhaeiaa Jo Oudd Laagai Ang ||	Kabeer, what then, if one could become dust? It is blown up by the wind, and sticks to the body.	ਹੇ ਕਬੀਰ! ਖੇਹ (ਵਾਂਗ) ਬਣਿਆਂ ਭੀ ਅਜੇ ਕਸਰ ਰਹਿ ਜਾਂਦੀ ਹੈ, ਖੇਹ (ਪੈਰਾਂ ਨਾਲ) ਉੱਡ ਕੇ (ਰਾਹੀਆਂ ਦੇ) ਅੰਗਾਂ ਉਤੇ ਪੈਂਦੀ ਹੈ।
58562	1372	ਹਰਿ ਜਨੁ ਐਸਾ ਚਾਹੀਐ ਜਿਉ ਪਾਨੀ ਸਰਬੰਗ॥੧੪੮॥		Har Jan Aisaa Chaaheeai Jio Paanee Sarabang ||148||	The humble servant of the Lord should be like water, which cleans everything. ||148||	ਪਰਮਾਤਮਾ ਦਾ ਭਗਤ ਅਜੇਹਾ ਚਾਹੀਦਾ ਹੈ ਜਿਵੇਂ ਪਾਣੀ ਹਰੇਕ ਸ਼ਕਲ ਦੇ ਭਾਂਡੇ ਨਾਲ ਸਮਾਈ ਰੱਖਦਾ ਹੈ ॥੧੪੮॥
58563	1372	ਕਬੀਰ ਪਾਨੀ ਹੂਆ ਤ ਕਿਆ ਭਇਆ ਸੀਰਾ ਤਾਤਾ ਹੋਇ॥	ਤੱਾਤਾ	Kabeer Paanee Hooaa Th Kiaa Bhaeiaa Seeraa Thaathaa Hoe ||	Kabeer, what then, if one could become water? It becomes cold, then hot.	ਹੇ ਕਬੀਰ! ਪਾਣੀ ਵਾਂਗ ਸਭ ਨਾਲ ਮੇਲ ਰੱਖਿਆਂ (ਭੀ) ਅਜੇ ਪੂਰਨਤਾ ਨਸੀਬ ਨਹੀਂ ਹੁੰਦੀ, ਪਾਣੀ ਕਦੇ ਠੰਢਾ ਤੇ ਕਦੇ ਤੱਤਾ ਹੋ ਜਾਂਦਾ ਹੈ,
58564	1372	ਹਰਿ ਜਨੁ ਐਸਾ ਚਾਹੀਐ ਜੈਸਾ ਹਰਿ ਹੀ ਹੋਇ॥੧੪੯॥		Har Jan Aisaa Chaaheeai Jaisaa Har Hee Hoe ||149||	The humble servant of the Lord should be just like the Lord. ||149||	ਭਗਤ ਅਜੇਹਾ ਹੋਣਾ ਚਾਹੀਦਾ ਹੈ (ਕਿ ਦੁਨੀਆ ਨਾਲ ਵਰਤਦਾ ਹੋਇਆ ਆਪਣੇ ਸੁਭਾਵ ਨੂੰ ਇਤਨਾ ਅਡੋਲ ਰੱਖੇ) ਕਿ ਇਸ ਵਿਚ ਤੇ ਪਰਮਾਤਮਾ ਵਿਚ ਕੋਈ ਫ਼ਰਕ ਨਾਹ ਰਹਿ ਜਾਏ ॥੧੪੯॥

58565	1372	ਊਚ ਭਵਨ ਕਨ ਕਾਮਨੀ ਸਿਖਰਿ ਧਜਾ ਫਹਰਾਇ॥	(ਕਨ) ਸੋਨਾ। (ਕਾਮਨੀ) ਨਾਰੀ	Ooch Bhavan Kanakaamanee Sikhar Dhhajaa Feharaae ||	The banners wave above the lofty mansions, filled with gold and beautiful women.	ਉੱਚੇ ਮਹਲ-ਮਾੜੀਆਂ ਹੋਣ, ਬੜਾ ਧਨ-ਪਦਾਰਥ ਹੋਵੇ, ਸੁੰਦਰ ਇਸਤ੍ਰੀ ਹੋਵੇ, ਮਹਲ ਦੀ ਚੋਟੀ ਉਤੇ ਝੰਡਾ ਝੂਲਦਾ ਹੋਵੇ,
58566	1372	ਤਾ ਤੇ ਭਲੀ ਮਧੂਕਰੀ ਸੰਤਸੰਗ ਗੁਨ ਗਾਇ॥੧੫੦॥		Thaa Thae Bhalee Madhhookaree Santhasang Gun Gaae ||150||	But better than these is dry bread, if one sings the Glorious Praises of the Lord in the Society of the Saints. ||150||	(ਪਰ ਜੇ ਪ੍ਰਭੂ ਦੇ ਨਾਮ ਤੋਂ ਸੁੰਞ ਹੋਵੇ)-ਇਸ ਸਾਰੇ ਰਾਜ-ਭਾਗ ਨਾਲੋਂ ਮੰਗ ਕੇ ਲਿਆਂਦੀ ਭਿੱਛਿਆ ਚੰਗੀ ਹੈ ਜੇ ਮਨੁੱਖ ਸੰਤਾਂ ਦੀ ਸੰਗਤ ਵਿਚ ਰਹਿ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦਾ ਹੋਵੇ ॥੧੫੦॥
58567	1372	ਕਬੀਰ ਪਾਟਨ ਤੇ ਊਜਰੁ ਭਲਾ ਰਾਮ ਭਗਤ ਜਿਹ ਠਾਇ॥		Kabeer Paattan Thae Oojar Bhalaa Raam Bhagath Jih Thaae ||	Kabeer, the wilderness is better than a city, if the Lord's devotees live there.	ਹੇ ਕਬੀਰ! ਸ਼ਹਿਰ ਨਾਲੋਂ ਉਹ ਉੱਜੜਿਆ ਹੋਇਆ ਥਾਂ ਚੰਗਾ ਹੈ ਜਿਥੇ ਪ੍ਰਭੂ ਦੇ ਭਗਤ (ਪ੍ਰਭੂ ਦੇ ਗੁਣ ਗਾਂਦੇ) ਹੋਣ।
58568	1372	ਰਾਮ ਸਨੇਹੀ ਬਾਹਰਾ ਜਮਪੁਰੁ ਮੇਰੇ ਭਾਂਇ॥੧੫੧॥		Raam Sanaehee Baaharaa Jam Pur Maerae Bhaane ||151||	Without my Beloved Lord, it is like the City of Death for me. ||151||	ਜੇਹੜਾ ਥਾਂ ਪਰਮਾਤਮਾ ਨਾਲ ਪਿਆਰ ਕਰਨ ਵਾਲੇ ਬੰਦਿਆਂ ਤੋਂ ਸੁੰਞਾ ਹੋਵੇ, ਮੈਨੂੰ ਤਾਂ ਉਹ ਨਰਕ ਜਾਪਦਾ ਹੈ ॥੧੫੧॥

58569	1372	ਕਬੀਰ ਗੰਗ ਜਮੁਨ ਕੇ ਅੰਤਰੇ ਸਹਜ ਸੁੰਨ ਕੇ ਘਾਟ॥		Kabeer Gang Jamun Kae Antharae Sehaj Sunn Kae Ghaatt ||	Kabeer, between the Ganges and Jamunaa Rivers, on the shore of Celestial Silence,	ਹੇ ਕਬੀਰ! (ਜਿਉਂ ਜਿਉਂ ਮੈਂ 'ਜਪਿਆ ਪਰਵਿਦਗਾਰ', ਰੋੜੇ ਆਦਿਕ ਵਾਂਗ ਮੈਂ ਅਭਿਮਾਨ ਤਜਿਆ ਤੇ 'ਜੈਸਾ ਹਰਿ ਹੀ ਹੋਇ' ਵਾਲੀ ਮੇਰੀ ਅਵਸਥਾ ਬਣੀ, ਤਾਂ) ਮੈਂ ਕਬੀਰ ਦੇ ਮਨ ਨੇ ਉਸ ਪੱਤਣ ਤੇ ਟਿਕਾਣਾ ਕੀਤਾ ਜਿਥੇ ਸਹਜ ਅਵਸਥਾ ਮਾਇਕ ਪਦਾਰਥਾਂ ਦੇ ਫੁਰਨਿਆਂ ਵਲੋਂ ਸੁੰਞ ਹੈ, ਜਿਥੇ, ਮਾਨੋ, ਗੰਗਾ ਜਮੁਨਾ ਦੇ ਪਾਣੀਆਂ ਦਾ ਮਿਲਾਪ ਹੈ (ਵੱਖ ਵੱਖ ਨਦੀਆਂ ਦੇ ਪਾਣੀ ਦਾ ਵੇਗ ਘਟ ਕੇ ਹੁਣ ਗੰਭੀਰਤਾ ਤੇ ਸ਼ਾਂਤੀ ਹੈ)।
58570	1372	ਤਹਾ ਕਬੀਰੈ ਮਟੁ ਕੀਆ ਖੋਜਤ ਮੁਨਿ ਜਨ ਬਾਟ॥੧੫੨॥	(ਬਾਟ) ਰਸਤਾ। ਮਟੁ: ਪੋਲਾ ਬੋਲੋ	Thehaa Kabeerai Matt Keeaa Khojath Mun Jan Baatt ||152||	There, Kabeer has made his home. The silent sages and the humble servants of the Lord search for the way to get there. ||152||	ਮੈਂ ਕਬੀਰ ਦਾ ਮਨ ਉਸ ਅਵਸਥਾ ਵਿਚ ਟਿਕ ਗਿਆ, ਜਿਥੇ ਅੱਪੜਨ ਦਾ ਰਸਤਾ ਸਾਰੇ ਰਿਸ਼ੀ ਲੋਕ ਭਾਲਦੇ ਰਹਿੰਦੇ ਹਨ ॥੧੫੨॥

58571	1372	ਕਬੀਰ ਜੈਸੀ ਉਪਜੀ ਪੇਡ ਤੇ ਜਉ ਤੈਸੀ ਨਿਬਹੈ ਓਰਿ॥		Kabeer Jaisee Oupajee Paedd Thae Jo Thaisee Nibehai Ourr ||	Kabeer, if the mortal continues to love the Lord in the end, as he pledged in the beginning,	ਹੇ ਕਬੀਰ! ਜਿਹੋ ਜਿਹੀ ਕੋਮਲਤਾ ਨਵੇਂ ਉੱਗੇ ਪੌਦੇ ਦੀ ਹੁੰਦੀ ਹੈ, ਜੇ ਅਜੇਹੀ ਕੋਮਲਤਾ (ਮਨੁੱਖ ਦੇ ਹਿਰਦੇ ਵਿਚ) ਸਦਾ ਲਈ ਟਿਕੀ ਰਹੇ ('ਊਚ ਭਵਨ ਕਨਕਾਮਨੀ' ਤੇ 'ਸਿਖਰਿ ਧਜਾ' ਉਸ ਕੋਮਲਤਾ ਨੂੰ ਦੂਰ ਨ ਕਰ ਸਕਣ, ਮਨੁੱਖ 'ਸਹਜ ਸੁੰਨ ਕੇ ਘਾਟ' ਉੱਤੇ ਸਦਾ ਆਸਨ ਲਾਈ ਰੱਖੇ, ਤਾਂ ਉਸ ਮਨੁੱਖ ਦਾ ਜੀਵਨ ਇਤਨਾ ਉੱਚਾ ਹੋ ਜਾਂਦਾ ਹੈ ਕਿ),
58572	1372	ਹੀਰਾ ਕਿਸ ਕਾ ਬਾਪੁਰਾ ਪੁਜਹਿ ਨ ਰਤਨ ਕਰੋੜਿ॥੧੫੩॥	ਪੁੱਜਹਿ	Heeraa Kis Kaa Baapuraa Pujehi N Rathan Karorr ||153||	No poor diamond, not even millions of jewels, can equal him. ||153||	ਇਕ ਹੀਰਾ ਕੀਹ? ਕਰੋੜਾਂ ਰਤਨ ਭੀ ਉਸ ਦੀ ਕੀਮਤ ਨਹੀਂ ਪਾ ਸਕਦੇ ॥੧੫੩॥
58573	1372	ਕਬੀਰਾ ਏਕੁ ਅਚੰਭਉ ਦੇਖਿਓ ਹੀਰਾ ਹਾਟ ਬਿਕਾਇ॥		Kabeeraa Eaek Achanbho Dhaekhiou Heeraa Haatt Bikaae ||	Kabeer, I saw a strange and wonderful thing. A jewel was being sold in a store.	ਹੇ ਕਬੀਰ! (ਜਗਤ ਵਿਚ) ਮੈਂ ਇਕ ਅਚਰਜ (ਮੂਰਖਤਾ ਦਾ) ਤਮਾਸ਼ਾ ਵੇਖਿਆ ਹੈ। ਹੀਰਾ ਹੱਟੀ ਹੱਟੀ ਤੇ ਵਿਕ ਰਿਹਾ ਹੈ,

58574	1372	ਬਨਜਨਹਾਰੇ ਬਾਹਰਾ ਕਉਡੀ ਬਦਲੈ ਜਾਇ॥੧੫੪॥		Banajanehaarae Baaharaa Kouddee Badhalai Jaae ||154||	Because there was no buyer, it was going in exchange for a shell. ||154||	ਚੂੰਕਿ ਕਿਸੇ ਨੂੰ ਇਸ ਦੀ ਕਦਰ-ਪਛਾਣ ਨਹੀਂ ਹੈ, ਇਹ ਕਉਡੀਆਂ ਦੇ ਭਾ ਜਾ ਰਿਹਾ ਹੈ (ਅਜਾਈਂ ਜਾ ਰਿਹਾ ਹੈ) ॥੧੫੪॥
58575	1372	ਕਬੀਰਾ ਜਹਾ ਗਿਆਨੁ ਤਹ ਧਰਮੁ ਹੈ ਜਹਾ ਝੂਠੁ ਤਹ ਪਾਪੁ॥		Kabeeraa Jehaa Giaan Theh Dhharam Hai Jehaa Jhooth Theh Paap ||	Kabeer, where there is spiritual wisdom, there is righteousness and Dharma. Where there is falsehood, there is sin.	ਹੇ ਕਬੀਰ! ਜਨਮ-ਮਨੋਰਥ ਦੇ ਪੂਰਾ ਕਰਨ ਦੀ ਫ਼ਰਜ਼-ਸ਼ਿਨਾਸੀ ਸਿਰਫ਼ ਉਥੇ ਹੋ ਸਕਦੀ ਹੈ ਜਿਥੇ ਇਹ ਸਮਝ ਹੋਵੇ ਕਿ ਹੀਰਾ-ਜਨਮ ਕਾਹਦੇ ਲਈ ਮਿਲਿਆ ਹੈ।
58576	1372	ਜਹਾ ਲੋਭੁ ਤਹ ਕਾਲੁ ਹੈ ਜਹਾ ਖਿਮਾ ਤਹ ਆਪਿ॥੧੫੫॥		Jehaa Lobh Theh Kaal Hai Jehaa Khimaa Theh Aap ||155||	Where there is greed, there is death. Where there is forgiveness, there is God Himself. ||155||	ਪਰ ਜਿਸ ਮਨੁੱਖ ਦੇ ਅੰਦਰ ਝੂਠ ਅਤੇ ਲੋਭ (ਦਾ ਜ਼ੋਰ) ਹੋਵੇ, ਉਥੇ (ਧਰਮ ਦੇ ਥਾਂ) ਪਾਪ ਅਤੇ ਆਤਮਕ ਮੌਤ ਹੀ ਹੋ ਸਕਦੇ ਹਨ (ਉਹ ਜੀਵਨ 'ਕਉਡੀ ਬਦਲੈ' ਹੀ ਜਾਣਾ ਹੋਇਆ)। ਪਰਮਾਤਮਾ ਦਾ ਨਿਵਾਸ ਸਿਰਫ਼ ਉਸ ਹਿਰਦੇ ਵਿਚ ਹੁੰਦਾ ਹੈ ਜਿਥੇ ਸ਼ਾਂਤੀ ਹੈ ॥੧੫੫॥

58577	1372	ਕਬੀਰ ਮਾਇਆ ਤਜੀ ਤ ਕਿਆ ਭਇਆ ਜਉ ਮਾਨੁ ਤਜਿਆ ਨਹੀ ਜਾਇ॥		Kabeer Maaeiaa Thajee Th Kiaa Bhaeiaa Jo Maan Thajiaa Nehee Jaae ||	Kabeer, what good is it to give up Maya, if the mortal does not give up his pride?	ਹੇ ਕਬੀਰ! ('ਉਚ ਭਵਨ ਕਨਕਾਮਨੀ' ਆਦਿਕ) ਮਾਇਆ ਤਿਆਗ ਦਿੱਤੀ ਤਾਂ ਭੀ ਕੁਝ ਨਹੀਂ ਸੰਵਾਰਦਾ, ਜੇ ਅਹੰਕਾਰ ਨਹੀਂ ਤਿਆਗਿਆ ਜਾਂਦਾ।
58578	1372	ਮਾਨ ਮੁਨੀ ਮੁਨਿਵਰ ਗਲੇ ਮਾਨੁ ਸਭੈ ਕਉ ਖਾਇ॥੧੫੬॥	ਮੁਨਿ-ਵਰ, ਸੱਭੈ	Maan Munee Munivar Galae Maan Sabhai Ko Khaae ||156||	Even the silent sages and seers are destroyed by pride; pride eats up everything. ||156||	ਵੱਡੇ ਵੱਡੇ ਰਿਸ਼ੀ ਮੁਨੀ (ਤਿਆਗ ਦੇ) ਇਸ ਮਾਣ-ਅਹੰਕਾਰ ਵਿਚ ਗਲ ਜਾਂਦੇ ਹਨ, (ਇਹ ਮਾਣ ਕਿਸੇ ਦਾ ਲਿਹਾਜ਼ ਨਹੀਂ ਕਰਦਾ) ਮਾਣ ਹਰੇਕ ਨੂੰ ਖਾ ਜਾਂਦਾ ਹੈ (ਜੋ ਭੀ ਪ੍ਰਾਣੀ ਅਹੰਕਾਰ ਕਰਦਾ ਹੈ ਉਸ ਦਾ ਆਤਮਕ ਜੀਵਨ ਖ਼ਤਮ ਹੋ ਜਾਂਦਾ ਹੈ) ॥੧੫੬॥
58579	1372	ਕਬੀਰ ਸਾਚਾ ਸਤਿਗੁਰੁ ਮੈ ਮਿਲਿਆ ਸਬਦੁ ਜੁ ਬਾਹਿਆ ਏਕੁ॥		Kabeer Saachaa Sathigur Mai Miliaa Sabadh J Baahiaa Eaek ||	Kabeer, the True Guru has met me; He aimed the Arrow of the Shabad at me.	ਹੇ ਕਬੀਰ! (ਹੀਰਾ ਜਨਮ ਬਚਾਣ ਲਈ ਮੈਨੂੰ ਗ੍ਰਿਹਸਤ ਤਿਆਗਣ ਦੀ ਲੋੜ ਹੀ ਨਾਹ ਪਈ) ਮੈਨੂੰ ਪੂਰਾ ਗੁਰੂ ਮਿਲ ਪਿਆ, ਉਸ ਨੇ ਇਕ ਸ਼ਬਦ ਸੁਣਾਇਆ ਜੋ ਮੈਨੂੰ ਤੀਰ ਵਾਂਗ ਲੱਗਾ,
58580	1372	ਲਾਗਤ ਹੀ ਭੁਇ ਮਿਲਿ ਗਇਆ ਪਰਿਆ ਕਲੇਜੇ ਛੇਕੁ॥੧੫੭॥		Laagath Hee Bhue Mil Gaeiaa Pariaa Kalaejae Shhaek ||157||	As soon as it struck me, I fell to the ground with a hole in my heart. ||157||	ਮੇਰਾ ਹਿਰਦਾ ਗੁਰੂ-ਚਰਨਾਂ ਵਿਚ ਪ੍ਰੋਤਾ ਗਿਆ, ਤੇ ਮੇਰਾ ਅਹੰਕਾਰ ਮਿੱਟੀ ਵਿਚ ਮਿਲ ਗਿਆ ॥੧੫੭॥

58581	1372	ਕਬੀਰ ਸਾਚਾ ਸਤਿਗੁਰੁ ਕਿਆ ਕਰੈ ਜਉ ਸਿਖਾ ਮਹਿ ਚੂਕ॥	ਸਿੱਖਾਂ	Kabeer Saachaa Sathigur Kiaa Karai Jo Sikhaa Mehi Chook ||	Kabeer, what can the True Guru do, when His Sikhs are at fault?	ਪਰ ਹੇ ਕਬੀਰ! ਜੇ ਸਿੱਖਾਂ ਵਿਚ ਉਕਾਈ ਹੋਵੇ, ਤਾਂ ਸਤਿਗੁਰੂ ਭੀ ਕੁਝ ਸੰਵਾਰ ਨਹੀਂ ਸਕਦਾ (ਇਸ ਹੀਰੇ-ਜਨਮ ਨੂੰ 'ਕਉਡੀ ਬਦਲੈ' ਜਾਂਦੇ ਨੂੰ ਬਚਾ ਨਹੀਂ ਸਕਦਾ),
58582	1372	ਅੰਧੇ ਏਕ ਨ ਲਾਗਈ ਜਿਉ ਬਾਂਸੁ ਬਜਾਈਐ ਫੂਕ॥੧੫੮॥		Andhhae Eaek N Laagee Jio Baans Bajaaeeai Fook ||158||	The blind do not take in any of His Teachings; it is as useless as blowing into bamboo. ||158||	ਜੋ ਮਨੁੱਖ ਅਹੰਕਾਰ ਵਿਚ ਅੰਨ੍ਹਾ ਹੋਇਆ ਰਹੇ, ਗੁਰੂ ਦੀ ਸਿੱਖਿਆ ਦੀ ਕੋਈ ਭੀ ਗੱਲ ਉਸ ਨੂੰ ਪੋਹ ਨਹੀਂ ਸਕਦੀ। ਜਿਵੇਂ ਫੂਕ ਮਾਰਿਆਂ ਬਾਂਸ (ਦੀ ਬੰਸਰੀ) ਵੱਜਣ ਲੱਗ ਪੈਂਦੀ ਹੈ (ਪਰ ਫੂਕ ਇਕ ਸਿਰੇ ਤੋਂ ਲੰਘ ਕੇ ਦੂਜੇ ਸਿਰੇ ਰਾਹ ਬਾਹਰ ਨਿਕਲ ਜਾਂਦੀ ਹੈ, ਤਿਵੇਂ ਅਹੰਕਾਰੀ ਦੇ ਇਕ ਕੰਨ ਤੋਂ ਦੂਜੇ ਕੰਨ ਰਾਹੀਂ ਉਹ ਸਿੱਖਿਆ ਅਸਰ ਕਰਨ ਤੋਂ ਬਿਨਾ ਹੀ ਨਿਕਲ ਜਾਂਦੀ ਹੈ। ਚੁੰਚ-ਗਿਆਨੀ ਉਹ ਭਾਵੇਂ ਬਣ ਜਾਏ।) ॥੧੫੮॥
58583	1372	ਕਬੀਰ ਹੈ ਗੈ ਬਾਹਨ ਸਘਨ ਘਨ ਛਤ੍ਰਪਤੀ ਕੀ ਨਾਰਿ॥		Kabeer Hai Gai Baahan Saghan Ghan Shhathrapathee Kee Naar ||	Kabeer, the wife of the king has all sorts of horses, elephants and carriages.	ਹੇ ਕਬੀਰ! ਉਸ ਇਸਤ੍ਰੀ ਦੀ ਬਰਾਬਰੀ ਉਸ ਛਤਰ-ਪਤੀ ਰਾਜੇ ਦੀ ਰਾਣੀ ਭੀ ਨਹੀਂ ਕਰ ਸਕਦੀ ਜਿਸ ਦੇ ਪਾਸ ਸਵਾਰੀ ਲਈ ਬੇਅੰਤ ਘੋੜੇ ਹਾਥੀ ਹੋਣ,

58584	1373	ਤਾਸੁ ਪਟੰਤਰ ਨਾ ਪੁਜੈ ਹਰਿ ਜਨ ਕੀ ਪਨਿਹਾਰਿ॥੧੫੯॥	(ਪਟੰਤਰ) ਬਰਾਬਰੀ। ਪੁੱਜੈ	Thaas Pattanthar N Pujai Har Jan Kee Panihaar ||159||	But she is not equal to the water-carrier of the Lord's humble servant. ||159||	ਜੋ ਇਸਤ੍ਰੀ ਪਰਮਾਤਮਾ ਦਾ ਭਜਨ ਕਰਨ ਵਾਲੇ ਗੁਰਮੁਖਾਂ ਦਾ ਪਾਣੀ ਭਰਨ ਦੀ ਸੇਵਾ ਕਰਦੀ ਹੈ (ਉਹ ਭਾਵੇਂ ਕਿਤਨੀ ਭੀ ਗ਼ਰੀਬ ਕਿਉਂ ਨਾ ਹੋਵੇ) ॥੧੫੯॥
58585	1373	ਕਬੀਰ ਨ੍ਰਿਪ ਨਾਰੀ ਕਿਉ ਨਿੰਦੀਐ ਕਿਉ ਹਰਿ ਚੇਰੀ ਕਉ ਮਾਨੁ॥		Kabeer Nrip Naaree Kio Nindheeai Kio Har Chaeree Ko Maan ||	Kabeer, why do you slander the wife of the king? Why do you honor the slave of the Lord?	ਹੇ ਕਬੀਰ! ਅਸੀਂ ਉਸ ਰਾਣੀ ਨੂੰ ਕਿਉਂ ਮਾੜੀ ਆਖਦੇ ਹਾਂ ਤੇ ਸੰਤ ਜਨਾਂ ਦੀ ਸੇਵਾ ਕਰਨ ਵਾਲੀ ਨੂੰ ਕਿਉਂ ਆਦਰ ਦੇਂਦੇ ਹਾਂ?
58586	1373	ਓਹੁ ਮਾਂਗ ਸਵਾਰੈ ਬਿਖੈ ਕਉ ਓਹੁ ਸਿਮਰੈ ਹਰਿ ਨਾਮੁ॥੧੬੦॥		Ouh Maang Savaarai Bikhai Ko Ouh Simarai Har Naam ||160||	Because one combs her hair for corruption, while the other remembers the Name of the Lord. ||160||	(ਇਸ ਦਾ ਕਾਰਨ ਇਹ ਹੈ ਕਿ) ਨ੍ਰਿਪ-ਨਾਰੀ ਤਾਂ ਸਦਾ ਕਾਮ-ਵਾਸਨਾ ਦੀ ਖ਼ਾਤਰ ਪੱਟੀਆਂ ਢਾਲਦੀ ਰਹਿੰਦੀ ਹੈ, ਪਰ ਸੰਤ ਜਨਾਂ ਦੀ ਟਹਿਲਣ (ਸੰਤਾਂ ਦੀ ਸੰਗਤ ਵਿਚ ਰਹਿ ਕੇ) ਪਰਮਾਤਮਾ ਦਾ ਨਾਮ ਸਿਮਰਦੀ ਹੈ ॥੧੬੦॥

58587	1373	ਕਬੀਰ ਥੂਨੀ ਪਾਈ ਥਿਤਿ ਭਈ ਸਤਿਗੁਰ ਬੰਧੀ ਧੀਰ॥		Kabeer Thhoonee Paaee Thhith Bhee Sathigur Bandhhee Dhheer ||	Kabeer, with the Support of the Lord's Pillar, I have become steady and stable.	ਹੇ ਕਬੀਰ! ਜਿਸ ਮਨੁੱਖ ਨੂੰ ਸਤਿਗੁਰੂ ਦੇ ਸ਼ਬਦ ਦਾ ਸਹਾਰਾ ਮਿਲ ਜਾਂਦਾ ਹੈ ਜਿਸ ਨੂੰ ਗੁਰੂ ('ਊਚ ਭਵਨ ਕਨਕਾਮਨੀ' 'ਹੈ ਗੈ ਬਾਹਨ' ਆਦਿਕ ਵਲ) ਭਟਕਣੋਂ ਬਚਾ ਲੈਂਦਾ ਹੈ ਉਸ ਦਾ ਮਨ ਪ੍ਰਭੂ ਦੇ ਚਰਨਾਂ ਵਿਚ ਟਿਕ ਜਾਂਦਾ ਹੈ।
58588	1373	ਕਬੀਰ ਹੀਰਾ ਬਨਜਿਆ ਮਾਨ ਸਰੋਵਰ ਤੀਰ॥੧੬੧॥		Kabeer Heeraa Banajiaa Maan Sarovar Theer ||161||	The True Guru has given me courage. Kabeer, I have purchased the diamond, on the banks of the Mansarovar Lake. ||161||	ਹੇ ਕਬੀਰ (ਆਪਣਾ ਮਨ ਸਤਿਗੁਰੂ ਦੇ ਹਵਾਲੇ ਕਰ ਕੇ) ਉਹ ਮਨੁੱਖ ਸਤਸੰਗ ਵਿਚ ਪਰਮਾਤਮਾ ਦਾ ਅਮੋਲਕ ਨਾਮ ਖ਼ਰੀਦਦਾ ਹੈ ॥੧੬੧॥
58589	1373	ਕਬੀਰ ਹਰਿ ਹੀਰਾ ਜਨ ਜਉਹਰੀ ਲੇ ਕੈ ਮਾਂਡੈ ਹਾਟ॥		Kabeer Har Heeraa Jan Jouharee Lae Kai Maanddai Haatt ||	Kabeer, the Lord is the Diamond, and the Lord's humble servant is the jeweller who has set up his shop.	ਹੇ ਕਬੀਰ! ਪਰਮਾਤਮਾ ਦਾ ਨਾਮ, ਮਾਨੋ, ਹੀਰਾ ਹੈ; ਪਰਮਾਤਮਾ ਦਾ ਸੇਵਕ ਉਸ ਹੀਰੇ ਦਾ ਵਪਾਰੀ ਹੈ; ਇਹ ਹੀਰਾ ਹਾਸਲ ਕਰ ਕੇ ਉਹ (ਆਪਣੇ) ਹਿਰਦੇ ਨੂੰ ਸੋਹਣਾ ਸਜਾਂਦਾ ਹੈ।

58590	1373	ਜਬ ਹੀ ਪਾਈਅਹਿ ਪਾਰਖੂ ਤਬ ਹੀਰਨ ਕੀ ਸਾਟ॥੧੬੨॥	(ਸਾਟ) ਵੱਟਾ ਮੁੱਲ ਪਾਈ-ਅਹਿ	Jab Hee Paaeeahi Paarakhoo Thab Heeran Kee Saatt ||162||	As soon as an appraiser is found, the price of the jewel is set. ||162||	ਜਦੋਂ (ਨਾਮ-ਹੀਰੇ ਦੀ) ਕਦਰ ਜਾਨਣ ਵਾਲੇ ਇਹ ਸੇਵਕ (ਸਤਸੰਗ ਵਿਚ) ਮਿਲਦੇ ਹਨ, ਤਦੋਂ ਪਰਮਾਤਮਾ ਦੇ ਗੁਣਾਂ ਦੀ ਸਾਂਝ ਬਣਾਂਦੇ ਹਨ (ਭਾਵ, ਰਲ ਕੇ ਪ੍ਰਭੂ ਦੀ) ਸਿਫ਼ਤ-ਸਾਲਾਹ ਕਰਦੇ ਹਨ ॥੧੬੨॥
58591	1373	ਕਬੀਰ ਕਾਮ ਪਰੇ ਹਰਿ ਸਿਮਰੀਐ ਐਸਾ ਸਿਮਰਹੁ ਨਿਤ॥		Kabeer Kaam Parae Har Simareeai Aisaa Simarahu Nith ||	Kabeer, you remember the Lord in meditation, only when the need arises. You should remember Him all the time.	ਹੇ ਕਬੀਰ! ਕੋਈ ਗ਼ਰਜ਼ ਪੈਣ ਤੇ ਜਿਸ ਤਰ੍ਹਾਂ (ਭਾਵ, ਜਿਸ ਖਿੱਚ ਤੇ ਪਿਆਰ ਨਾਲ) ਪਰਮਾਤਮਾ ਨੂੰ ਯਾਦ ਕਰੀਦਾ ਹੈ, ਜੇ ਉਸੇ ਖਿੱਚ-ਪਿਆਰ ਨਾਲ ਉਸ ਨੂੰ ਸਦਾ ਹੀ ਯਾਦ ਕਰੋ,
58592	1373	ਅਮਰਾ ਪੁਰ ਬਾਸਾ ਕਰਹੁ ਹਰਿ ਗਇਆ ਬਹੋਰੈ ਬਿਤ॥੧੬੩॥	ਗ-ਇਆ, ਬਿਤ: ਪੋਲਾ ਬੋਲੋ	Amaraa Pur Baasaa Karahu Har Gaeiaa Behorai Bith ||163||	You shall dwell in the city of immortality, and the Lord shall restore the wealth you lost. ||163||	ਤਾਂ ਉਸ ਥਾਂ ਤੇ ਟਿਕ ਜਾਉਗੇ ਜਿਥੇ ਅਮਰ ਹੋ ਜਾਈਦਾ ਹੈ (ਜਿਥੇ ਆਤਮਕ ਮੌਤ ਪੋਹ ਨਹੀਂ ਸਕਦੀ); ਅਤੇ, ਜੋ ਸੁੰਦਰ ਗੁਣ ਮਾਇਕ ਪਦਾਰਥਾਂ ਪਿਛੇ ਦੌੜ ਦੌੜ ਕੇ ਗੁਆਚ ਚੁਕੇ ਹੁੰਦੇ ਹਨ, ਉਹ ਗੁਣ ਪ੍ਰਭੂ ਮੁੜ (ਸਿਮਰਨ ਕਰਨ ਵਾਲੇ ਦੇ ਹਿਰਦੇ ਵਿਚ) ਪੈਦਾ ਕਰ ਦੇਂਦਾ ਹੈ ॥੧੬੩॥

58593	1373	ਕਬੀਰ ਸੇਵਾ ਕਉ ਦੁਇ ਭਲੇ ਏਕੁ ਸੰਤੁ ਇਕੁ ਰਾਮੁ॥		Kabeer Saevaa Ko Dhue Bhalae Eaek Santh Eik Raam ||	Kabeer, it is good to perform selfless service for two - the Saints and the Lord.	ਹੇ ਕਬੀਰ! ਇਕ ਸੰਤ ਅਤੇ ਇਕ ਪਰਮਾਤਮਾ-(ਮੁਕਤੀ ਅਤੇ ਪ੍ਰਭੂ-ਮਿਲਾਪ ਦੀ ਖ਼ਾਤਰ) ਇਹਨਾਂ ਦੋਹਾਂ ਦੀ ਹੀ ਸੇਵਾ-ਪੂਜਾ ਕਰਨੀ ਚਾਹੀਦੀ ਹੈ।
58594	1373	ਰਾਮੁ ਜੁ ਦਾਤਾ ਮੁਕਤਿ ਕੋ ਸੰਤੁ ਜਪਾਵੈ ਨਾਮੁ॥੧੬੪॥		Raam J Dhaathaa Mukath Ko Santh Japaavai Naam ||164||	The Lord is the Giver of liberation, and the Saint inspires us to chant the Naam. ||164||	ਕਿਉਂਕਿ ਮਾਇਕ ਬੰਧਨਾਂ ਤੋਂ ਖ਼ਲਾਸੀ ਦੇਣ ਵਾਲਾ ਪਰਮਾਤਮਾ ਆਪ ਹੈ, ਅਤੇ ਸੰਤ-ਗੁਰਮੁਖਿ ਉਸ ਪਰਮਾਤਮਾ ਦਾ ਨਾਮ ਸਿਮਰਨ ਵਲ ਪ੍ਰੇਰਦਾ ਹੈ ॥੧੬੪॥
58595	1373	ਕਬੀਰ ਜਿਹ ਮਾਰਗਿ ਪੰਡਿਤ ਗਏ ਪਾਛੈ ਪਰੀ ਬਹੀਰ॥		Kabeer Jih Maarag Panddith Geae Paashhai Paree Beheer ||	Kabeer, the crowds follow the path which the Pandits, the religious scholars, have taken.	ਹੇ ਕਬੀਰ! (ਤੀਰਥ ਵਰਤ ਆਦਿਕ ਦੇ) ਜਿਸ ਰਸਤੇ ਉੱਤੇ ਪੰਡਿਤ ਲੋਕ ਤੁਰ ਰਹੇ ਹਨ (ਇਹ ਰਾਹ ਚੂੰਕਿ ਸੌਖਾ ਹੈ) ਬੜੇ ਲੋਕ ਉਹਨਾਂ ਦੇ ਪਿਛੇ ਪਿਛੇ ਲੱਗੇ ਹੋਏ ਹਨ;
58596	1373	ਇਕ ਅਵਘਟ ਘਾਟੀ ਰਾਮ ਕੀ ਤਿਹ ਚੜਿ ਰਹਿਓ ਕਬੀਰ॥੧੬੫॥		Eik Avaghatt Ghaattee Raam Kee Thih Charr Rehiou Kabeer ||165||	There is a difficult and treacherous cliff on that path to the Lord; Kabeer is climbing that cliff. ||165||	ਪਰ ਪਰਮਾਤਮਾ ਦੇ ਸਿਮਰਨ ਦਾ ਰਸਤਾ, ਮਾਨੋ, ਇਕ ਔਖਾ ਪਹਾੜੀ ਰਸਤਾ ਹੈ, ਕਬੀਰ (ਇਹਨਾਂ ਪੰਡਿਤਾਂ ਲੋਕਾਂ ਨੂੰ ਛੱਡ ਕੇ) ਚੜ੍ਹਾਈ ਵਾਲਾ ਪੈਂਡਾ ਕਰ ਰਿਹਾ ਹੈ ॥੧੬੫॥

58597	1373	ਕਬੀਰ ਦੁਨੀਆ ਕੇ ਦੋਖੇ ਮੂਆ ਚਾਲਤ ਕੁਲ ਕੀ ਕਾਨਿ॥	ਕੁਲ: ਪੋਲਾ ਬੋਲੋ	Kabeer Dhuneeaa Kae Dhokhae Mooaa Chaalath Kul Kee Kaan ||	Kabeer, the mortal dies of his worldly troubles and pain, after worrying about his family.	ਹੇ ਕਬੀਰ! ਮਨੁੱਖ ਆਮ ਤੌਰ ਤੇ ਕੁਲਾ-ਰੀਤ ਅਨੁਸਾਰ ਹੀ ਤੁਰਦਾ ਹੈ, ਇਸ ਖ਼ਿਆਲ ਨਾਲ ਕਿ ਦੁਨੀਆ ਕੀਹ ਆਖੇਗੀ (ਲੋਕਾਚਾਰ ਨੂੰ ਛੱਡ ਕੇ ਭਗਤੀ ਸਤਸੰਗ ਵਾਲੇ ਰਸਤੇ ਵਲ ਨਹੀਂ ਆਉਂਦਾ, ਇਸ ਤਰ੍ਹਾਂ) ਆਤਮਕ ਮੌਤੇ ਮਰ ਜਾਂਦਾ ਹੈ।
58598	1373	ਤਬ ਕੁਲੁ ਕਿਸ ਕਾ ਲਾਜਸੀ ਜਬ ਲੇ ਧਰਹਿ ਮਸਾਨਿ॥੧੬੬॥		Thab Kul Kis Kaa Laajasee Jab Lae Dhharehi Masaan ||166||	Whose family is dishonored, when he is placed on the funeral pyre? ||166||	(ਇਹ ਨਹੀਂ ਸੋਚਦਾ ਕਿ) ਜਦੋਂ ਮੌਤ ਆ ਗਈ (ਤਦੋਂ ਇਹ ਕੁਲਾ-ਰੀਤ ਤਾਂ ਆਪੇ ਛੁੱਟ ਜਾਣੀ ਹੈ; ਸਿਮਰਨ-ਭਗਤੀ ਤੋਂ ਵਾਂਜੇ ਰਹਿ ਕੇ ਜੋ ਖੁਆਰੀ ਖੱਟੀ, ਉਸ ਦੇ ਕਾਰਨ) ਕਿਸ ਦੀ ਕੁਲ ਨੂੰ ਨਮੋਸ਼ੀ ਆਵੇਗੀ? ॥੧੬੬॥
58599	1373	ਕਬੀਰ ਡੂਬਹਿਗੋ ਰੇ ਬਾਪੁਰੇ ਬਹੁ ਲੋਗਨ ਕੀ ਕਾਨਿ॥		Kabeer Ddoobehigo Rae Baapurae Bahu Logan Kee Kaan ||	Kabeer, you shall drown, you wretched being, from worrying about what other people think.	ਹੇ ਕਬੀਰ! (ਲੋਕ-ਲਾਜ ਵਿਚ ਫਸ ਕੇ ਭਗਤੀ ਤੋਂ ਵਾਂਜੇ ਰਹਿਣ ਵਾਲੇ ਬੰਦੇ ਨੂੰ ਆਖ-) ਹੇ ਮੰਦ-ਭਾਗੀ ਮਨੁੱਖ! ਬਹੁਤਾ ਲੋਕ-ਲਾਜ ਵਿਚ ਹੀ ਰਿਹਾਂ (ਲੋਕ-ਲਾਜ ਵਿਚ ਹੀ) ਡੁੱਬ ਜਾਇੰਗਾ (ਆਤਮਕ ਮੌਤੇ ਮਰ ਜਾਇੰਗਾ)।

58600	1373	ਪਾਰੋਸੀ ਕੇ ਜੋ ਹੂਆ ਤੂ ਅਪਨੇ ਭੀ ਜਾਨੁ॥੧੬੭॥		Paarosee Kae Jo Hooaa Thoo Apanae Bhee Jaan ||167||	You know that whatever happens to your neighbors, will also happen to you. ||167||	(ਇਥੇ ਸਦਾ ਬੈਠ ਨਹੀਂ ਰਹਿਣਾ) ਜੋ ਮੌਤ ਕਿਸੇ ਗੁਆਂਢੀ ਤੇ ਆ ਰਹੀ ਹੈ, ਚੇਤਾ ਰੱਖ ਉਹ ਤੇਰੇ ਉਤੇ ਭੀ ਆਉਣੀ ਹੈ ॥੧੬੭॥
58601	1373	ਕਬੀਰ ਭਲੀ ਮਧੂਕਰੀ ਨਾਨਾ ਬਿਧਿ ਕੋ ਨਾਜੁ॥	ਨਾਨਾ	Kabeer Bhalee Madhhookaree Naanaa Bidhh Ko Naaj ||	Kabeer, even dry bread, made of various grains, is good.	ਹੇ ਕਬੀਰ! (ਜਾਇਦਾਦਾਂ ਦੀਆਂ ਮੱਲਾਂ ਮੱਲਣ ਨਾਲੋਂ ਮੰਗਤਾ ਬਣ ਕੇ) ਘਰ ਘਰ ਤੋਂ ਮੰਗੀ ਹੋਈ ਰੋਟੀ ਖਾ ਲੈਣੀ ਚੰਗੀ ਹੈ ਜਿਸ ਵਿਚ (ਘਰ ਘਰ ਤੋਂ ਮੰਗਣ ਕਰਕੇ) ਕਈ ਕਿਸਮਾਂ ਦਾ ਅੰਨ ਹੁੰਦਾ ਹੈ।
58602	1373	ਦਾਵਾ ਕਾਹੂ ਕੋ ਨਹੀ ਬਡਾ ਦੇਸੁ ਬਡ ਰਾਜੁ॥੧੬੮॥		Dhaavaa Kaahoo Ko Nehee Baddaa Dhaes Badd Raaj ||168||	No one brags about it, throughout the vast country and great empire. ||168||	(ਮੰਗਤਾ) ਕਿਸੇ ਜਾਇਦਾਦ ਉਤੇ ਮਲਕੀਅਤ ਦਾ ਹੱਕ ਨਹੀਂ ਬੰਨ੍ਹਦਾ, ਸਾਰਾ ਦੇਸ ਉਸ ਦਾ ਆਪਣਾ ਦੇਸ ਹੈ, ਸਾਰਾ ਰਾਜ ਉਸ ਦਾ ਆਪਣਾ ਰਾਜ ਹੈ ॥੧੬੮॥
58603	1373	ਕਬੀਰ ਦਾਵੈ ਦਾਝਨੁ ਹੋਤੁ ਹੈ ਨਿਰਦਾਵੈ ਰਹੈ ਨਿਸੰਕ॥		Kabeer Dhaavai Dhaajhan Hoth Hai Niradhaavai Rehai Nisank ||	Kabeer, those who brag, shall burn. Those who do not brag remain carefree.	ਹੇ ਕਬੀਰ! ਮਲਕੀਅਤਾਂ ਬਣਾਇਆਂ ਮਨੁੱਖ ਦੇ ਅੰਦਰ ਖਿੱਝ-ਸੜਨ ਪੈਦਾ ਹੁੰਦੀ ਹੈ। ਜੋ ਮਨੁੱਖ ਕੋਈ ਮਲਕੀਅਤ ਨਹੀਂ ਬਣਾਂਦਾ ਉਸ ਨੂੰ ਕੋਈ ਚਿੰਤਾ-ਫ਼ਿਕਰ ਨਹੀਂ ਰਹਿੰਦਾ।

58604	1373	ਜੋ ਜਨੁ ਨਿਰਦਾਵੈ ਰਹੈ ਸੋ ਗਨੈ ਇੰਦ੍ਰ ਸੋ ਰੰਕ॥੧੬੯॥		Jo Jan Niradhaavai Rehai So Ganai Eindhr So Rank ||169||	That humble being who does not brag, looks upon the gods and the poor alike. ||169||	ਜੋ ਮਨੁੱਖ ਜਾਇਦਾਦਾਂ ਦੀਆਂ ਮਲਕੀਅਤਾਂ ਨਹੀਂ ਬਣਾਂਦਾ, ਉਹ ਇੰਦ੍ਰ ਦੇਵਤੇ ਵਰਗਿਆਂ ਨੂੰ ਭੀ ਕੰਗਾਲ ਸਮਝਦਾ ਹੈ (ਭਾਵ, ਉਹ ਕਿਸੇ ਧਨਾਢ ਆਦਿਕ ਦੀ ਖ਼ੁਸ਼ਾਮਦ ਨਹੀਂ ਕਰਦਾ ਫਿਰਦਾ) ॥੧੬੯॥
58605	1373	ਕਬੀਰ ਪਾਲਿ ਸਮੁਹਾ ਸਰਵਰੁ ਭਰਾ ਪੀ ਨ ਸਕੈ ਕੋਈ ਨੀਰੁ॥		Kabeer Paal Samuhaa Saravar Bharaa Pee N Sakai Koee Neer ||	Kabeer, the pool is filled to overflowing, but no one can drink the water from it.	ਹੇ ਕਬੀਰ! ਸਰੋਵਰ ਕੰਢਿਆਂ ਤਕ ਨਕਾ-ਨਕ (ਪਾਣੀ ਨਾਲ) ਭਰਿਆ ਹੋਇਆ ਹੈ, (ਪਰ "ਦਾਵੈ ਦਾਝਨੁ" ਦੇ ਕਾਰਨ ਇਹ ਪਾਣੀ ਕਿਸੇ ਨੂੰ ਦਿੱਸਦਾ ਹੀ ਨਹੀਂ, ਇਸ ਵਾਸਤੇ) ਕੋਈ ਮਨੁੱਖ ਇਹ ਪਾਣੀ ਪੀ ਨਹੀਂ ਸਕਦਾ।
58606	1373	ਭਾਗ ਬਡੇ ਤੈ ਪਾਇਓ ਤੂੰ ਭਰਿ ਭਰਿ ਪੀਉ ਕਬੀਰ॥੧੭੦॥		Bhaag Baddae Thai Paaeiou Thoon Bhar Bhar Peeo Kabeer ||170||	By great good fortune, you have found it; drink it in handfuls, O Kabeer. ||170||	ਹੇ ਕਬੀਰ! (ਤੂੰ ਇਸ 'ਦਾਝਨ' ਤੋਂ ਬਚ ਗਿਆ) ਚੰਗੇ ਭਾਗਾਂ ਨਾਲ ਤੈਨੂੰ ਇਹ ਪਾਣੀ ਦਿੱਸ ਪਿਆ ਹੈ, ਤੂੰ ਹੁਣ (ਪਿਆਲੇ) ਭਰ ਭਰ ਕੇ ਪੀ (ਮੌਜ ਨਾਲ ਸੁਆਸ ਸੁਆਸ ਨਾਮ ਜਪ) ॥੧੭੦॥

58607	1373	ਕਬੀਰ ਪਰਭਾਤੇ ਤਾਰੇ ਖਿਸਹਿ ਤਿਉ ਇਹੁ ਖਿਸੈ ਸਰੀਰੁ॥		Kabeer Parabhaathae Thaarae Khisehi Thio Eihu Khisai Sareer ||	Kabeer, just as the stars disappear at dawn, so shall this body disappear.	ਹੇ ਕਬੀਰ! (ਜਿਵੇਂ ਸੂਰਜ ਦੇ ਤੇਜ-ਪ੍ਰਤਾਪ ਕਰਕੇ) ਪਰਭਾਤ ਵੇਲੇ ਤਾਰੇ (ਜੋ ਰਾਤ ਦੀ ਟਿਕਵੀਂ ਸ਼ਾਂਤੀ ਵਿਚ ਚਮਕ ਰਹੇ ਹੁੰਦੇ ਹਨ) ਮੱਧਮ ਪੈਂਦੇ ਜਾਂਦੇ ਹਨ; ਤਿਵੇਂ ਮਲਕੀਅਤਾਂ ਤੋਂ ਪੈਦਾ ਹੋਈ ਅੰਦਰਲੀ ਤਪਸ਼ ਦੇ ਕਾਰਨ ਗਿਆਨ ਇੰਦ੍ਰਿਆਂ ਵਿਚੋਂ ਪ੍ਰਭੂ ਵਾਲੇ ਪਾਸੇ ਦੀ ਲੋ ਘਟਦੀ ਜਾਂਦੀ ਹੈ।
58608	1373	ਏ ਦੁਇ ਅਖਰ ਨਾ ਖਿਸਹਿ ਸੋ ਗਹਿ ਰਹਿਓ ਕਬੀਰੁ॥੧੭੧॥	(ਅੱਖਰ) ਬ੍ਰਹਮ	Eae Dhue Akhar Naa Khisehi So Gehi Rehiou Kabeer ||171||	Only the letters of God's Name do not disappear; Kabeer holds these tight. ||171||	ਸਿਰਫ਼ ਇਕ ਪ੍ਰਭੂ-ਨਾਮ ਹੀ ਹੈਂ ਜੋ ਮਲਕੀਅਤਾਂ ਦੀ ਤਪਸ਼ ਦੇ ਅਸਰ ਤੋਂ ਪਰੇ ਰਹਿੰਦਾ ਹੈ। ਕਬੀਰ (ਦੁਨੀਆ ਦੀਆਂ ਮੱਲਾਂ ਮੱਲਣ ਦੇ ਥਾਂ) ਉਸ ਨਾਮ ਨੂੰ ਸਾਂਭੀ ਬੈਠਾ ਹੈ ॥੧੭੧॥
58609	1373	ਕਬੀਰ ਕੋਠੀ ਕਾਠ ਕੀ ਦਹ ਦਿਸਿ ਲਾਗੀ ਆਗਿ॥		Kabeer Kothee Kaath Kee Dheh Dhis Laagee Aag ||	Kabeer, the wooden house is burning on all sides.	ਹੇ ਕਬੀਰ! ਇਹ ਜਗਤ, ਮਾਨੋ, ਲੱਕੜ ਦਾ ਮਕਾਨ ਹੈ ਜਿਸ ਨੂੰ ਹਰ ਪਾਸੇ ਵਲੋਂ (ਮੱਲਾਂ ਮੱਲਣ ਦੀ) ਅੱਗ ਲੱਗੀ ਹੋਈ ਹੈ;

58610	1373	ਪੰਡਿਤ ਪੰਡਿਤ ਜਲਿ ਮੂਏ ਮੂਰਖ ਉਬਰੇ ਭਾਗਿ॥੧੭੨॥		Panddith Panddith Jal Mooeae Moorakh Oubarae Bhaag ||172||	The Pandits, the religious scholars, have been burnt to death, while the illiterate ones run to safety. ||172||	(ਜੋ ਮਨੁੱਖ ਆਪਣੇ ਵਲੋਂ) ਸਿਆਣੇ (ਬਣ ਕੇ ਇਸ ਅੱਗ ਦੇ ਵਿਚ ਹੀ ਬੈਠੇ ਰਹਿੰਦੇ ਹਨ ਉਹ) ਸੜ ਮਰਦੇ ਹਨ, (ਜੋ ਇਹਨਾਂ ਸਿਆਣਿਆਂ ਦੇ ਭਾਣੇ) ਮੂਰਖ (ਹਨ ਉਹ) ਇਸ ਅੱਗ ਤੋਂ ਦੂਰ ਪਰੇ ਭੱਜ ਕੇ (ਸੜਨੋਂ) ਬਚ ਜਾਂਦੇ ਹਨ ॥੧੭੨॥
58611	1373	ਕਬੀਰ ਸੰਸਾ ਦੂਰਿ ਕਰੁ ਕਾਗਦ ਦੇਹ ਬਿਹਾਇ॥		Kabeer Sansaa Dhoor Kar Kaagadh Dhaeh Bihaae ||	Kabeer, give up your skepticism; let your papers float away.	ਹੇ ਕਬੀਰ! (ਇਸ ਪ੍ਰਭੂ-ਯਾਦ ਦੀ ਬਰਕਤਿ ਨਾਲ) ਦੁਨੀਆ ਵਾਲੇ ਸਹਸੇ-ਦਾਝਨ ਦੂਰ ਕਰ, ਚਿੰਤਾ ਵਾਲੇ ਸਾਰੇ ਲੇਖੇ ਹੀ ਭਗਤੀ ਦੇ ਪਰਵਾਹ ਵਿਚ ਰੋੜ੍ਹ ਦੇਹ।
58612	1373	ਬਾਵਨ ਅਖਰ ਸੋਧਿ ਕੈ ਹਰਿ ਚਰਨੀ ਚਿਤੁ ਲਾਇ॥੧੭੩॥		Baavan Akhar Sodhh Kai Har Charanee Chith Laae ||173||	Find the essence of the letters of the alphabet, and focus your consciousness on the Lord. ||173||	ਵਿੱਦਿਆ ਦੀ ਰਾਹੀਂ ਵਿਚਾਰਵਾਨ ਬਣ ਕੇ ਪ੍ਰਭੂ-ਚਰਨਾਂ ਵਿਚ ਚਿੱਤ ਜੋੜ (ਭਾਵ, ਜੇ ਤੈਨੂੰ ਵਿੱਦਿਆ ਹਾਸਲ ਕਰਨ ਦਾ ਮੌਕਾ ਮਿਲਿਆ ਹੈ ਤਾਂ ਉਸ ਦੀ ਰਾਹੀਂ ਦੁਨੀਆ ਦੀਆਂ ਮਲਕੀਅਤਾਂ ਵਿਚ ਖਿੱਝਣ ਦੇ ਥਾਂ ਵਿਚਾਰਵਾਨ ਬਣ ਅਤੇ ਪਰਮਾਤਮਾ ਦਾ ਸਿਮਰਨ ਕਰ) ॥੧੭੩॥

58613	1373	ਕਬੀਰ ਸੰਤੁ ਨ ਛਾਡੈ ਸੰਤਈ ਜਉ ਕੋਟਿਕ ਮਿਲਹਿ ਅਸੰਤ॥		Kabeer Santh N Shhaaddai Santhee Jo Kottik Milehi Asanth ||	Kabeer, the Saint does not forsake his Saintly nature, even though he meets with millions of evil-doers.	ਹੇ ਕਬੀਰ! (ਹਰਿ-ਚਰਨਾਂ ਵਿਚ ਚਿੱਤ ਲਾਣ ਦੀ ਹੀ ਇਹ ਬਰਕਤਿ ਹੈ ਕਿ) ਸੰਤ ਆਪਣਾ ਸ਼ਾਂਤ ਸੁਭਾਉ ਨਹੀਂ ਛੱਡਦਾ, ਭਾਵੇਂ ਉਸ ਨੂੰ ਕ੍ਰੋੜਾਂ ਭੈੜੇ ਬੰਦਿਆਂ ਨਾਲ ਵਾਹ ਪੈਂਦਾ ਰਹੇ।
58614	1373	ਮਲਿਆਗਰੁ ਭੁਯੰਗਮ ਬੇਢਿਓ ਤ ਸੀਤਲਤਾ ਨ ਤਜੰਤ॥੧੭੪॥	ਭੁ-ਯੰਗਮ: ਯੰ ਤਾਲੂ ਤੋਂ ਬੋਲ	Maliaagar Bhuyangam Baedtiou Th Seethalathaa N Thajanth ||174||	Even when sandalwood is surrounded by snakes, it does not give up its cooling fragrance. ||174||	ਚੰਦਨ ਦਾ ਬੂਟਾ ਸੱਪਾਂ ਨਾਲ ਘਿਰਿਆ ਰਹਿੰਦਾ ਹੈ, ਪਰ ਉਹ ਆਪਣੀ ਅੰਦਰਲੀ ਠੰਢਕ ਨਹੀਂ ਤਿਆਗਦਾ ॥੧੭੪॥
58615	1373	ਕਬੀਰ ਮਨੁ ਸੀਤਲੁ ਭਇਆ ਪਾਇਆ ਬ੍ਰਹਮਗਿਆਨੁ॥		Kabeer Man Seethal Bhaeiaa Paaeiaa Breham Giaan ||	Kabeer, my mind is cooled and soothed; I have become God-conscious.	ਹੇ ਕਬੀਰ! ਜਦੋਂ ਮਨੁੱਖ ਪਰਮਾਤਮਾ ਨਾਲ (ਸਿਮਰਨ ਦੀ ਰਾਹੀਂ) ਜਾਣ-ਪਛਾਣ ਬਣਾ ਲੈਂਦਾ ਹੈ ਤਾਂ (ਦੁਨੀਆ ਦੇ ਕਾਰ-ਵਿਹਾਰ ਕਰਦਿਆਂ ਭੀ) ਉਸ ਦਾ ਮਨ ਠੰਢਾ-ਠਾਰ ਰਹਿੰਦਾ ਹੈ।
58616	1373	ਜਿਨਿ ਜੁਆਲਾ ਜਗੁ ਜਾਰਿਆ ਸੁ ਜਨ ਕੇ ਉਦਕ ਸਮਾਨਿ॥੧੭੫॥		Jin Juaalaa Jag Jaariaa S Jan Kae Oudhak Samaan ||175||	The fire which has burnt the world is like water to the Lord's humble servant. ||175||	ਜਿਸ (ਮਾਇਆ ਦੀ ਮਲਕੀਅਤ ਦੀ) ਅੱਗ ਨੇ ਸਾਰਾ ਸੰਸਾਰ ਸਾੜ ਦਿੱਤਾ ਹੈ, ਬੰਦਗੀ ਕਰਨ ਵਾਲੇ ਮਨੁੱਖ ਵਾਸਤੇ ਉਹ ਪਾਣੀ (ਵਰਗੀ ਠੰਢੀ) ਰਹਿੰਦੀ ਹੈ ॥੧੭੫॥

58617	1373	ਕਬੀਰ ਸਾਰੀ ਸਿਰਜਨਹਾਰ ਕੀ ਜਾਨੈ ਨਾਹੀ ਕੋਇ॥		Kabeer Saaree Sirajanehaar Kee Jaanai Naahee Koe ||	Kabeer, no one knows the Play of the Creator Lord.	ਹੇ ਕਬੀਰ! ਇਹ ਗੱਲ ਹਰੇਕ ਸ਼ਖ਼ਸ ਨਹੀਂ ਜਾਣਦਾ ਕਿ ਇਹ (ਮਾਇਆ-ਰੂਪ ਅੱਗ ਜੋ ਸਾਰੇ ਸੰਸਾਰ ਨੂੰ ਸਾੜ ਰਹੀ ਹੈ) ਪਰਮਾਤਮਾ ਨੇ ਆਪ ਬਣਾਈ ਹੈ।
58618	1373	ਕੈ ਜਾਨੈ ਆਪਨ ਧਨੀ ਕੈ ਦਾਸੁ ਦੀਵਾਨੀ ਹੋਇ॥੧੭੬॥		Kai Jaanai Aapan Dhhanee Kai Dhaas Dheevaanee Hoe ||176||	Only the Lord Himself and the slaves at His Court understand it. ||176||	ਇਸ ਭੇਤ ਨੂੰ ਪ੍ਰਭੂ ਆਪ ਜਾਣਦਾ ਹੈ ਜਾਂ ਉਹ ਭਗਤ ਜਾਣਦਾ ਹੈ ਜੋ ਸਦਾ ਉਸ ਦੇ ਚਰਨਾਂ ਵਿਚ ਜੁੜਿਆ ਰਹੇ (ਸੋ, ਹਜ਼ੂਰੀ ਵਿਚ ਰਹਿਣ ਵਾਲੇ ਨੂੰ ਪਤਾ ਹੁੰਦਾ ਹੈ ਕਿ ਮਾਇਆ ਦੀ ਸੜਨ ਤੋਂ ਬਚਣ ਲਈ ਮਾਇਆ ਨੂੰ ਬਣਾਣ ਵਾਲੇ ਦੇ ਚਰਨਾਂ ਵਿਚ ਜੁੜੇ ਰਹਿਣਾ ਹੀ ਸਹੀ ਤਰੀਕਾ ਹੈ) ॥੧੭੬॥
58619	1373	ਕਬੀਰ ਭਲੀ ਭਈ ਜੋ ਭਉ ਪਰਿਆ ਦਿਸਾ ਗਈ ਸਭ ਭੂਲਿ॥	ਦਿਸਾਂ	Kabeer Bhalee Bhee Jo Bho Pariaa Dhisaa Geanaee Sabh Bhool ||	Kabeer, it is good that I feel the Fear of God; I have forgotten everything else.	ਹੇ ਕਬੀਰ! ਜਦੋਂ ਮਨੁੱਖ ਦੇ ਅੰਦਰ (ਇਹ) ਡਰ ਪੈਦਾ ਹੁੰਦਾ ਹੈ (ਕਿ ਪਰਮਾਤਮਾ ਨੂੰ ਵਿਸਾਰ ਕੇ ਮਾਇਆ ਪਿੱਛੇ ਭਟਕਿਆਂ ਕਈ ਠੇਡੇ ਖਾਣੇ ਪੈਂਦੇ ਹਨ) ਤਾਂ (ਇਸ ਦੇ) ਮਨ ਦੀ ਹਾਲਤ ਚੰਗੀ ਹੋ ਜਾਂਦੀ ਹੈ, ਇਸ ਨੂੰ (ਪਰਮਾਤਮਾ ਦੀ ਓਟ ਤੋਂ ਬਿਨਾ ਹੋਰ) ਸਾਰੇ ਪਾਸੇ ਭੁੱਲ ਜਾਂਦੇ ਹਨ।

58620	1374	ਓਰਾ ਗਰਿ ਪਾਨੀ ਭਇਆ ਜਾਇ ਮਿਲਿਓ ਢਲਿ ਕੂਲਿ॥੧੭੭॥	(ਕੂਲਿ) ਚਸ਼ਮੇ ਚ ਮਿਲ ਕੇ ਸਮੁੰਦ੍ਰ, ਬ੍ਰਹਮ ਚ ਜਾ ਮਿਲਿਆ	Ouraa Gar Paanee Bhaeiaa Jaae Miliou Dtal Kool ||177||	The hail-stone has melted into water, and flowed into the ocean. ||177||	(ਪਰਮਾਤਮਾ ਦਾ ਡਰ ਮਨੁੱਖ ਦੇ ਕਠੋਰ ਹੋਏ ਮਨ ਵਾਸਤੇ, ਮਾਨੋ, ਸੇਕ ਦਾ ਕੰਮ ਦੇਂਦਾ ਹੈ; ਜਿਵੇਂ ਸੇਕ ਲੱਗਣ ਨਾਲ) ਗੜਾ ਪੰਘਰ ਕੇ ਮੁੜ ਪਾਣੀ ਬਣ ਜਾਂਦਾ ਹੈ, ਤੇ ਢਲ ਕੇ ਨਦੀ ਵਿਚ ਜਾ ਰਲਦਾ ਹੈ ॥੧੭੭॥
58621	1374	ਕਬੀਰਾ ਧੂਰਿ ਸਕੇਲਿ ਕੈ ਪੁਰੀਆ ਬਾਂਧੀ ਦੇਹ॥	(ਪੁਰੀਆ) ਪੂਰਨ ਪ੍ਰਮੇਸਰਜੀ। ਪੁਰੀਆ: ਆ ਤੇ ਬਿੰਦੀ ਨ ਲਾਉ	Kabeeraa Dhhoor Sakael Kai Pureeaa Baandhhee Dhaeh ||	Kabeer, the body is a pile of dust, collected and packed together.	ਹੇ ਕਬੀਰ! (ਜਿਵੇਂ) ਮਿੱਟੀ ਇਕੱਠੀ ਕਰ ਕੇ ਇਕ ਨਗਰੀ ਵਸਾਈ ਜਾਂਦੀ ਹੈ ਤਿਵੇਂ (ਪੰਜ ਤੱਤ ਇਕੱਠੇ ਕਰ ਕੇ ਪਰਮਾਤਮਾ ਨੇ) ਇਹ ਸਰੀਰ ਰਚਿਆ ਹੈ।
58622	1374	ਦਿਵਸ ਚਾਰਿ ਕੋ ਪੇਖਨਾ ਅੰਤਿ ਖੇਹ ਕੀ ਖੇਹ॥੧੭੮॥		Dhivas Chaar Ko Paekhanaa Anth Khaeh Kee Khaeh ||178||	It is a show which lasts for only a few days, and then dust returns to dust. ||178||	ਵੇਖਣ ਨੂੰ ਚਾਰ ਦਿਨ ਸੋਹਣਾ ਲੱਗਦਾ ਹੈ, ਪਰ ਆਖ਼ਰ ਜਿਸ ਮਿੱਟੀ ਤੋਂ ਬਣਿਆ ਉਸ ਮਿੱਟੀ ਵਿਚ ਹੀ ਰਲ ਜਾਂਦਾ ਹੈ ॥੧੭੮॥
58623	1374	ਕਬੀਰ ਸੂਰਜ ਚਾਂਦ ਕੈ ਉਦੈ ਭਈ ਸਭ ਦੇਹ॥		Kabeer Sooraj Chaandh Kai Oudhai Bhee Sabh Dhaeh ||	Kabeer, bodies are like the rising and setting of the sun and the moon.	ਹੇ ਕਬੀਰ! (ਪੰਜਾਂ ਤੱਤਾਂ ਤੋਂ ਇਹ) ਸਰੀਰ-ਰਚਨਾ ਇਸ ਵਾਸਤੇ ਹੋਈ ਹੈ ਕਿ ਇਸ ਵਿਚ ਸੂਰਜ ਅਤੇ ਚੰਦ੍ਰਮਾ ਦਾ ਉਦੈ ਹੋਵੇ (ਭਾਵ, ਨਰਮ-ਦਿਲੀ ਅਤੇ ਸੀਤਲਤਾ ਪੈਦਾ ਹੋਣ, ਪਰ ਇਹ ਗੁਣ ਤਾਂ ਪੈਦਾ ਹੋ ਸਕਦੇ ਹਨ ਜੇ ਗੁਰੂ ਮਿਲੇ ਤੇ ਗੁਰੂ ਦੀ ਰਾਹੀਂ ਗੋਬਿੰਦ ਦੇ ਚਰਨਾਂ ਵਿਚ ਜੁੜੀਏ)।

58624	1374	ਗੁਰ ਗੋਬਿੰਦ ਕੇ ਬਿਨੁ ਮਿਲੇ ਪਲਟਿ ਭਈ ਸਭ ਖੇਹ॥੧੭੯॥		Gur Gobindh Kae Bin Milae Palatt Bhee Sabh Khaeh ||179||	Without meeting the Guru, the Lord of the Universe, they are all reduced to dust again. ||179||	ਗੁਰੂ ਪਰਮਾਤਮਾ ਦੇ ਮੇਲ ਤੋਂ ਬਿਨਾ ਇਹ ਸਰੀਰ ਮੁੜ ਮਿੱਟੀ ਦਾ ਮਿੱਟੀ ਹੀ ਹੋ ਜਾਂਦਾ ਹੈ (ਭਾਵ, ਇਹ ਮਨੁੱਖਾ ਸਰੀਰ ਬਿਲਕੁਲ ਵਿਅਰਥ ਹੀ ਚਲਾ ਜਾਂਦਾ ਹੈ) ॥੧੭੯॥
58625	1374	ਜਹ ਅਨਭਉ ਤਹ ਭੈ ਨਹੀ ਜਹ ਭਉ ਤਹ ਹਰਿ ਨਾਹਿ॥	ਅਨ-ਭਉ	Jeh Anabho Theh Bhai Nehee Jeh Bho Theh Har Naahi ||	Where the Fearless Lord is, there is no fear; where there is fear, the Lord is not there.	ਜਿਸ ਹਿਰਦੇ ਵਿਚ ਜ਼ਿੰਦਗੀ ਦੇ ਸਹੀ ਰਸਤੇ ਦੀ ਸਮਝ ਪੈਦਾ ਹੋ ਜਾਂਦੀ ਹੈ, ਉਥੇ (ਦਾਝਨ, ਸੰਸਾ, ਕਠੋਰਤਾ ਆਦਿਕ) ਕੋਈ ਖ਼ਤਰੇ ਨਹੀਂ ਰਹਿ ਜਾਂਦੇ। ਪਰ ਜਿਸ ਹਿਰਦੇ ਵਿਚ ਅਜੇ (ਸ਼ਾਂਤ ਜੀਵਨ ਨੂੰ ਭੁਲਾ ਦੇਣ ਲਈ ਖਿੱਝ, ਸਹਿਮ, ਬੇ-ਰਹਿਮੀ ਆਦਿਕ ਕੋਈ) ਡਰ ਮੌਜੂਦ ਹੈ, ਉਥੇ ਪਰਮਾਤਮਾ ਦਾ ਨਿਵਾਸ ਨਹੀਂ ਹੋਇਆ
58626	1374	ਕਹਿਓ ਕਬੀਰ ਬਿਚਾਰਿ ਕੈ ਸੰਤ ਸੁਨਹੁ ਮਨ ਮਾਹਿ॥੧੮੦॥		Kehiou Kabeer Bichaar Kai Santh Sunahu Man Maahi ||180||	Kabeer speaks after careful consideration; hear this, O Saints, in your minds. ||180||	ਮੈਂ ਕਬੀਰ ਇਹ ਗੱਲ ਵਿਚਾਰ ਕੇ ਆਖ ਰਿਹਾ ਹਾਂ। ਹੇ ਸੰਤ ਜਨੋ! ਧਿਆਨ ਲਾ ਕੇ ਸੁਣੋ ॥੧੮੦॥

58627	1374	ਕਬੀਰ ਜਿਨਹੁ ਕਿਛੂ ਜਾਨਿਆ ਨਹੀ ਤਿਨ ਸੁਖ ਨੀਦ ਬਿਹਾਇ॥	ਨਹੀਂ: ਦੇਲ੍ਹੀ ਦੀਵਾ ਹੈ, ਅਰਥ ਕਰਨ ਵੇਲੇ ਪਿੱਛਲੇ ਤੇ ਅਗਲੇ ਅੱਖਰਾਂ ਨਾਲ ਲਗ ਕੇ ਅਰਥ ਬਣੂਗਾ ਜੀ ਜਿਵੇਂ ਕਬੀਰ. ਜਿਨਹੁ ਕਿਛੂ ਜਾਨਿਆ ਨਹੀ, ਨਹੀ ਤਿਨ ਸੁਖ ਨੀਦ ਬਿਹਾਇ	Kabeer Jinahu Kishhoo Jaaniaa Nehee Thin Sukh Needh Bihaae ||	Kabeer, those who do not know anything, pass their lives in peaceful sleep.	ਹੇ ਕਬੀਰ! ਜਿਨ੍ਹਾਂ ਲੋਕਾਂ ਨੇ (ਜੀਵਨ ਦੇ ਇਸ ਭੇਤ ਨੂੰ) ਰਤਾ ਭੀ ਨਹੀਂ ਸਮਝਿਆ, ਉਹ (ਇਸ ਦਾਝਨ, ਸੰਸੇ, ਕਠੋਰਤਾ ਆਦਿਕ ਵਿਚ ਵਿਲਕਦੇ ਹੋਏ ਭੀ) ਬੇ-ਪਰਵਾਹੀ ਨਾਲ ਉਮਰ ਗੁਜ਼ਾਰ ਰਹੇ ਹਨ ;
58628	1374	ਹਮਹੁ ਜੁ ਬੂਝਾ ਬੂਝਨਾ ਪੂਰੀ ਪਰੀ ਬਲਾਇ॥੧੮੧॥	ਬੂੱਝਾ ਬੂੱਝਨਾ	Hamahu J Boojhaa Boojhanaa Pooree Paree Balaae ||181||	But I have understood the riddle; I am faced with all sorts of troubles. ||181||	ਪਰ ('ਗੁਰ ਗੋਬਿੰਦ' ਦੀ ਮੇਹਰ ਨਾਲ) ਮੈਂ ਇਹ ਗੱਲ ਸਮਝ ਲਈ ਹੈ ਕਿ 'ਜਹ ਅਨਭਉ ਤਹ ਭੈ ਨਹੀ, ਜਹ ਭਉ ਤਹ ਹਰਿ ਨਾਹਿ'; ਮੈਨੂੰ ਇਹ ਗੱਲ ਕਿਸੇ ਵੇਲੇ ਭੀ ਵਿਸਰਦੀ ਨਹੀਂ ॥੧੮੧॥
58629	1374	ਕਬੀਰ ਮਾਰੇ ਬਹੁਤੁ ਪੁਕਾਰਿਆ ਪੀਰ ਪੁਕਾਰੈ ਅਉਰ॥		Kabeer Maarae Bahuth Pukaariaa Peer Pukaarai Aour ||	Kabeer, those who are beaten cry a lot; but the cries of the pain of separation are different.	ਹੇ ਕਬੀਰ! ਜਿਸ ਮਨੁੱਖ ਨੂੰ ('ਦਾਝਨ ਸੰਸੇ' ਆਦਿਕ ਦੀ) ਮਾਰ ਪੈਂਦੀ ਹੈ, ਉਹ ਬਹੁਤ ਹਾਹਾਕਾਰ ਕਰਦਾ ਹੈ, ਜਿਉਂ ਜਿਉਂ ਉਹ ਪੀੜ ਉਠਦੀ ਹੈ ਤਿਉਂ ਤਿਉਂ ਹੋਰ ਦੁਖੀ ਹੁੰਦਾ ਹੈ (ਪਰ ਫਿਰ ਭੀ ਮਾਇਆ ਦਾ ਖਹਿੜਾ ਨਹੀਂ ਛੱਡਦਾ)।

58630	1374	ਲਾਗੀ ਚੋਟ ਮਰੰਮ ਕੀ ਰਹਿਓ ਕਬੀਰਾ ਠਉਰ॥੧੮੨॥		Laagee Chott Maranm Kee Rehiou Kabeeraa Thour ||182||	Struck by the Mystery of God, Kabeer remains silent. ||182||	ਮੈਨੂੰ ਕਬੀਰ ਨੂੰ ਗੁਰੂ ਦੇ ਸ਼ਬਦ ਦੀ ਚੋਟ ਵੱਜੀ ਹੈ ਜਿਸ ਨੇ ਮੇਰਾ ਦਿਲ ਵਿੰਨ੍ਹ ਲਿਆ ਹੈ, ਹੁਣ ਮੈਂ ਥਾਂ ਸਿਰ (ਭਾਵ, ਪ੍ਰਭੂ-ਚਰਨਾਂ ਵਿਚ) ਟਿਕ ਗਿਆ ਹਾਂ। (ਮੈਨੂੰ ਇਹ ਦਾਝਨ ਸੰਸਾ ਆਦਿਕ ਦੁਖੀ ਕਰ ਹੀ ਨਹੀਂ ਸਕਦੇ) ॥੧੮੨॥
58631	1374	ਕਬੀਰ ਚੋਟ ਸੁਹੇਲੀ ਸੇਲ ਕੀ ਲਾਗਤ ਲੇਇ ਉਸਾਸ॥	ਲੇ-ਇ	Kabeer Chott Suhaelee Sael Kee Laagath Laee Ousaas ||	Kabeer, the stroke of a lance is easy to bear; it takes away the breath.	ਹੇ ਕਬੀਰ! ਗੁਰੂ ਦੇ ਸ਼ਬਦ-ਰੂਪ ਨੇਜ਼ੇ ਦੀ ਸੱਟ ਹੈ ਭੀ ਸੁਖਦਾਈ। ਜਿਸ ਮਨੁੱਖ ਨੂੰ ਇਹ ਸੱਟ ਵੱਜਦੀ ਹੈ (ਬਿਰਹਣੀ ਨਾਰਿ ਵਾਂਗ ਉਸ ਦੇ ਅੰਦਰ) ਪਤੀ-ਪ੍ਰਭੂ ਨੂੰ ਮਿਲਣ ਦੀ ਤਾਂਘ ਪੈਦਾ ਹੋ ਜਾਂਦੀ ਹੈ।
58632	1374	ਚੋਟ ਸਹਾਰੈ ਸਬਦ ਕੀ ਤਾਸੁ ਗੁਰੂ ਮੈ ਦਾਸ॥੧੮੩॥		Chott Sehaarai Sabadh Kee Thaas Guroo Mai Dhaas ||183||	But one who endures the stroke of the Word of the Shabad is the Guru, and I am his slave. ||183||	ਜੋ (ਭਾਗਾਂ ਵਾਲਾ) ਮਨੁੱਖ ਗੁਰ-ਸ਼ਬਦ ਦੀ ਚੋਟ ਖਾਂਦਾ ਰਹਿੰਦਾ ਹੈ, ਉਸ ਪੂਜਣ-ਜੋਗ ਮਨੁੱਖ ਦਾ ਮੈਂ (ਹਰ ਵੇਲੇ) ਦਾਸ (ਬਣਨ ਨੂੰ ਤਿਆਰ) ਹਾਂ ॥੧੮੩॥

58633	1374	ਕਬੀਰ ਮੁਲਾਂ ਮੁਨਾਰੇ ਕਿਆ ਚਢਹਿ ਸਾਂਈ ਨ ਬਹਰਾ ਹੋਇ॥	ਮੁੱਲਾਂ	Kabeer Mulaan Munaarae Kiaa Chadtehi Saanee N Beharaa Hoe ||	Kabeer: O Mullah, why do you climb to the top of the minaret? The Lord is not hard of hearing.	ਹੇ ਕਬੀਰ! ਹੇ ਮੁੱਲਾਂ! ਮਸਜਿਦ ਦੇ ਮੁਨਾਰੇ ਉਤੇ ਚੜ੍ਹਨ ਦਾ ਤੈਨੂੰ ਆਪ ਨੂੰ ਤਾਂ ਕੋਈ ਫ਼ਾਇਦਾ ਨਹੀਂ ਹੋ ਰਿਹਾ। ਖ਼ੁਦਾ ਬੋਲਾ ਨਹੀਂ (ਉਹ ਤੇਰੇ ਦਿਲ ਦੀ ਹਾਲਤ ਭੀ ਜਾਣਦਾ ਹੈ, ਉਸ ਨੂੰ ਠੱਗਿਆ ਨਹੀਂ ਜਾ ਸਕਦਾ)।
58634	1374	ਜਾ ਕਾਰਨਿ ਤੂੰ ਬਾਂਗ ਦੇਹਿ ਦਿਲ ਹੀ ਭੀਤਰਿ ਜੋਇ॥੧੮੪॥		Jaa Kaaran Thoon Baang Dhaehi Dhil Hee Bheethar Joe ||184||	Look within your own heart for the One, for whose sake you shout your prayers. ||184||	ਜਿਸ (ਰੱਬ ਦੀ ਨਮਾਜ਼) ਦੀ ਖ਼ਾਤਰ ਤੂੰ ਬਾਂਗ ਦੇ ਰਿਹਾ ਹੈਂ, ਉਸ ਨੂੰ ਆਪਣੇ ਦਿਲ ਵਿਚ ਵੇਖ (ਤੇਰੇ ਅੰਦਰ ਹੀ ਵੱਸਦਾ ਹੈ। ਤੇਰੇ ਆਪਣੇ, ਅੰਦਰ ਸ਼ਾਂਤੀ ਨਹੀਂ, ਸਿਰਫ਼ ਲੋਕਾਂ ਨੂੰ ਹੀ ਸੱਦ ਰਿਹਾ ਹੈਂ) ॥੧੮੪॥
58635	1374	ਸੇਖ ਸਬੂਰੀ ਬਾਹਰਾ ਕਿਆ ਹਜ ਕਾਬੇ ਜਾਇ॥	ਹੱਜ	Saekh Sabooree Baaharaa Kiaa Haj Kaabae Jaae ||	Why does the Shaykh bother to go on pilgrimage to Mecca, if he is not content with himself?	ਹੇ ਸ਼ੇਖ! ਜੇ ਤੇਰੇ ਆਪਣੇ ਅੰਦਰ ਸੰਤੋਖ ਨਹੀਂ ਹੈ, ਤਾਂ ਕਾਬੇ ਦਾ ਹੱਜ ਕਰਨ ਲਈ ਜਾਣ ਦਾ ਕੋਈ ਲਾਭ ਨਹੀਂ ਹੈ;
58636	1374	ਕਬੀਰ ਜਾ ਕੀ ਦਿਲ ਸਾਬਤਿ ਨਹੀ ਤਾ ਕਉ ਕਹਾਂ ਖੁਦਾਇ॥੧੮੫॥		Kabeer Jaa Kee Dhil Saabath Nehee Thaa Ko Kehaan Khudhaae ||185||	Kabeer, one whose heart is not healthy and whole - how can he attain his Lord? ||185||	ਕਿਉਂਕਿ, ਹੇ ਕਬੀਰ! ਜਿਸ ਮਨੁੱਖ ਦੇ ਆਪਣੇ ਦਿਲ ਵਿਚ ਸ਼ਾਂਤੀ ਨਹੀਂ ਆਈ, ਉਸ ਦੇ ਭਾਣੇ ਰੱਬ ਕਿਤੇ ਭੀ ਨਹੀਂ ਹੈ ॥੧੮੫॥

58637	1374	ਕਬੀਰ ਅਲਹ ਕੀ ਕਰਿ ਬੰਦਗੀ ਜਿਹ ਸਿਮਰਤ ਦੁਖੁ ਜਾਇ॥	ਅੱਲਹ	Kabeer Aleh Kee Kar Bandhagee Jih Simarath Dhukh Jaae ||	Kabeer, worship the Lord Allah; meditating in remembrance on Him, troubles and pains depart.	ਹੇ ਕਬੀਰ! ਰੱਬ ਦੀ ਬੰਦਗੀ ਕਰ, ਬੰਦਗੀ ਕੀਤਿਆਂ ਹੀ ਦਿਲ ਦਾ ਵਿਕਾਰ ਦੂਰ ਹੁੰਦਾ ਹੈ,
58638	1374	ਦਿਲ ਮਹਿ ਸਾਂਈ ਪਰਗਟੈ ਬੁਝੈ ਬਲੰਤੀ ਨਾਂਇ॥੧੮੬॥	ਬੁਝੈ: ਪੋਲਾ ਬੋਲੋ	Dhil Mehi Saanee Paragattai Bujhai Balanthee Naane ||186||	The Lord shall be revealed within your own heart, and the burning fire within shall be extinguished by His Name. ||186||	ਦਿਲ ਵਿਚ ਰੱਬ ਦਾ ਜ਼ਹੂਰ ਹੁੰਦਾ ਹੈ, ਅਤੇ ਇਸ ਬੰਦਗੀ ਦੀ ਬਰਕਤਿ ਨਾਲ ਲਾਲਚ ਦੀ ਬਲਦੀ ਅੱਗ ਦਿਲ ਵਿਚੋਂ ਬੁੱਝ ਜਾਂਦੀ ਹੈ ॥੧੮੬॥
58639	1374	ਕਬੀਰ ਜੋਰੀ ਕੀਏ ਜੁਲਮੁ ਹੈ ਕਹਤਾ ਨਾਉ ਹਲਾਲੁ॥		Kabeer Joree Keeeae Julam Hai Kehathaa Naao Halaal ||	Kabeer, to use force is tyranny, even if you call it legal.	ਹੇ ਕਬੀਰ! (ਮੁੱਲਾਂ ਨੂੰ ਦੱਸ ਕਿ) ਕਿਸੇ ਉਤੇ ਧੱਕਾ ਕਰਨਾ ਜ਼ੁਲਮ ਹੈ, (ਤੂੰ ਜਾਨਵਰ ਨੂੰ ਫੜ ਕੇ ਬਿਸਮਿੱਲਾ ਆਖ ਕੇ ਜ਼ਬਹ ਕਰਦਾ ਹੈਂ ਅਤੇ) ਤੂੰ ਆਖਦਾ ਹੈਂ ਕਿ ਇਹ (ਜ਼ਬਹ ਕੀਤਾ ਜਾਨਵਰ) ਰੱਬ ਦੇ ਨਾਮ ਤੇ ਕੁਰਬਾਨੀ ਦੇਣ ਦੇ ਲਾਇਕ ਹੋ ਗਿਆ ਹੈ (ਅਤੇ ਇਸ ਕੁਰਬਾਨੀ ਨਾਲ ਖ਼ੁਦਾ ਤੇਰੇ ਉਤੇ ਖ਼ੁਸ਼ ਹੋ ਗਿਆ ਹੈ); (ਪਰ ਇਹ ਮਾਸ ਤੂੰ ਆਪ ਹੀ ਖਾ ਲੈਂਦਾ ਹੈਂ। ਇਸ ਤਰ੍ਹਾਂ ਪਾਪ ਨਹੀਂ ਬਖ਼ਸ਼ੀਂਦੇ, ਕਦੇ ਸੋਚ ਕਿ)

58640	1374	ਦਫਤਰਿ ਲੇਖਾ ਮਾਂਗੀਐ ਤਬ ਹੋਇਗੋ ਕਉਨੁ ਹਵਾਲੁ॥੧੮੭॥		Dhafathar Laekhaa Maangeeai Thab Hoeigo Koun Havaal ||187||	When your account is called for in the Court of the Lord, what will your condition be then? ||187||	ਜਦੋਂ ਰੱਬ ਦੀ ਦਰਗਾਹ ਵਿਚ ਤੇਰੇ ਅਮਲਾਂ ਦਾ ਹਿਸਾਬ ਹੋਵੇਗਾ ਤਾਂ ਤੇਰਾ ਕੀਹ ਹਾਲ ਹੋਵੇਗਾ ॥੧੮੭॥
58641	1374	ਕਬੀਰ ਖੂਬੁ ਖਾਨਾ ਖੀਚਰੀ ਜਾ ਮਹਿ ਅੰਮ੍ਰਿਤੁ ਲੋਨੁ॥		Kabeer Khoob Khaanaa Kheecharee Jaa Mehi Anmrith Lon ||	Kabeer, the dinner of beans and rice is excellent, if it is flavored with salt.	ਹੇ ਕਬੀਰ! (ਮੁੱਲਾਂ ਨੂੰ ਬੇਸ਼ੱਕ ਆਖ ਕਿ ਕੁਰਬਾਨੀ ਦੇ ਬਹਾਨੇ ਮਾਸ ਖਾਣ ਨਾਲੋਂ) ਖਿਚੜੀ ਖਾ ਲੈਣੀ ਚੰਗੀ ਹੈ ਜਿਸ ਵਿਚ ਸਿਰਫ਼ ਸੁਆਦਲਾ ਲੂਣ ਹੀ ਪਾਇਆ ਹੋਇਆ ਹੋਵੇ।
58642	1374	ਹੇਰਾ ਰੋਟੀ ਕਾਰਨੇ ਗਲਾ ਕਟਾਵੈ ਕਉਨੁ॥੧੮੮॥	(ਹੇਰਾ) ਸ਼ਿਕਾਰ ਕਾਰਨੇ ਲਈ	Haeraa Rottee Kaaranae Galaa Kattaavai Koun ||188||	Who would cut his throat, to have meat with his bread? ||188||	ਮੈਂ ਤਾਂ ਇਸ ਗੱਲ ਲਈ ਤਿਆਰ ਨਹੀਂ ਹਾਂ ਕਿ ਮਾਸ ਰੋਟੀ ਖਾਣ ਦੀ ਨਿਯਤ ਮੇਰੀ ਆਪਣੀ ਹੋਵੇ ਪਰ (ਕੁਰਬਾਨੀ ਦਾ ਹੋਕਾ ਦੇ ਦੇ ਕੇ ਕਿਸੇ ਪਸ਼ੂ ਨੂੰ) ਜ਼ਬਹ ਕਰਦਾ ਫਿਰਾਂ ॥੧੮੮॥

58643	1374	ਕਬੀਰ ਗੁਰੁ ਲਾਗਾ ਤਬ ਜਾਨੀਐ ਮਿਟੈ ਮੋਹੁ ਤਨ ਤਾਪ॥		Kabeer Gur Laagaa Thab Jaaneeai Mittai Mohu Than Thaap ||	Kabeer, one is known to have been touched by the Guru, only when his emotional attachment and physical illnesses are eradicated.	ਹੇ ਕਬੀਰ! (ਜਨੇਊ ਆਦਿਕ ਪਾ ਕੇ ਹਿੰਦੂ ਸਮਝਦਾ ਹੈ ਕਿ ਮੈਂ ਫਲਾਣੇ ਬ੍ਰਾਹਮਣ ਨੂੰ ਆਪਣਾ ਗੁਰੂ ਧਾਰ ਲਿਆ ਹੈ; ਪਰ) ਤਦੋਂ ਸਮਝੋ ਕਿ ਗੁਰੂ ਮਿਲ ਪਿਆ ਹੈ ਜਦੋਂ (ਗੁਰੂ ਧਾਰਨ ਵਾਲੇ ਮਨੁੱਖ ਦੇ ਦਿਲ ਵਿਚੋਂ) ਮਾਇਆ ਦਾ ਮੋਹ ਦੂਰ ਹੋ ਜਾਏ, ਜਦੋਂ ਸਰੀਰ ਨੂੰ ਸਾੜਨ ਵਾਲੇ ਕਲੇਸ਼ ਮਿਟ ਜਾਣ।
58644	1374	ਹਰਖ ਸੋਗ ਦਾਝੈ ਨਹੀ ਤਬ ਹਰਿ ਆਪਹਿ ਆਪਿ॥੧੮੯॥		Harakh Sog Dhaajhai Nehee Thab Har Aapehi Aap ||189||	He is not burned by pleasure or pain, and so he becomes the Lord Himself. ||189||	ਜਦੋਂ ਹਰਖ ਸੋਗ ਕੋਈ ਭੀ ਚਿੱਤ ਨੂੰ ਨਾਹ ਸਾੜੇ, ਅਜੇਹੀ ਹਾਲਤ ਵਿਚ ਅੱਪੜਿਆਂ ਹਰ ਥਾਂ ਪਰਮਾਤਮਾ ਆਪ ਹੀ ਆਪ ਦਿੱਸਦਾ ਹੈ ॥੧੮੯॥
58645	1374	ਕਬੀਰ ਰਾਮ ਕਹਨ ਮਹਿ ਭੇਦੁ ਹੈ ਤਾ ਮਹਿ ਏਕੁ ਬਿਚਾਰੁ॥		Kabeer Raam Kehan Mehi Bhaedh Hai Thaa Mehi Eaek Bichaar ||	Kabeer, it does make a difference, how you chant the Lord's Name, 'Raam'. This is something to consider.	ਹੇ ਕਬੀਰ! (ਜਨੇਊ ਦੇ ਕੇ ਬ੍ਰਾਹਮਣ ਰਾਮ ਦੀ ਪੂਜਾ-ਪਾਠ ਦਾ ਉਪਦੇਸ਼ ਭੀ ਕਰਦਾ ਹੈ; ਪਰ) ਰਾਮ ਰਾਮ ਆਖਣ ਵਿਚ ਭੀ ਫ਼ਰਕ ਪੈ ਜਾਂਦਾ ਹੈ, ਇਸ ਵਿਚ ਭੀ ਇਕ ਗੱਲ ਸਮਝਣ ਵਾਲੀ ਹੈ।

58646	1374	ਸੋਈ ਰਾਮੁ ਸਭੈ ਕਹਹਿ ਸੋਈ ਕਉਤਕਹਾਰ॥੧੯੦॥	ਕਹਹਿ। ਕਉਤਕਹਾਰ	Soee Raam Sabhai Kehehi Soee Kouthakehaar ||190||	Everyone uses the same word for the son of Dasrath and the Wondrous Lord. ||190||	ਇਕ ਰਾਮ ਤਾਂ ਉਹ ਹੈ ਜਿਸ ਨੂੰ ਹਰੇਕ ਜੀਵ ਸਿਮਰਦਾ ਹੈ (ਇਹ ਹੈ ਸਰਬ-ਵਿਆਪੀ ਰਾਮ, ਇਸ ਦਾ ਸਿਮਰਨ ਕਰਨਾ ਮਨੁੱਖ ਮਾਤ੍ਰ ਦਾ ਫ਼ਰਜ਼ ਹੈ)। ਪਰ ਇਹੀ ਰਾਮ ਨਾਮ ਰਾਸਧਾਰੀਏ ਭੀ (ਰਾਸਾਂ ਵਿਚ ਸਾਂਗ ਬਣਾ ਬਣਾ ਕੇ) ਲੈਂਦੇ ਹਨ (ਇਹ ਰਾਮ ਅਵਤਾਰੀ ਰਾਮ ਹੈ ਤੇ ਰਾਜਾ ਦਸਰਥ ਦਾ ਪੁੱਤਰ ਹੈ, ਇਹੀ ਮੂਰਤੀ-ਪੂਜਾ ਵਿਅਰਥ ਹੈ) ॥੧੯੦॥
58647	1374	ਕਬੀਰ ਰਾਮੈ ਰਾਮ ਕਹੁ ਕਹਿਬੇ ਮਾਹਿ ਬਿਬੇਕ॥		Kabeer Raamai Raam Kahu Kehibae Maahi Bibaek ||	Kabeer, use the word 'Raam', only to speak of the All-pervading Lord. You must make that distinction.	ਹੇ ਕਬੀਰ! ਸਦਾ ਰਾਮ ਦਾ ਨਾਮ ਜਪ, ਪਰ ਜਪਣ ਵੇਲੇ ਇਹ ਗੱਲ ਚੇਤੇ ਰੱਖਣੀ-
58648	1374	ਏਕੁ ਅਨੇਕਹਿ ਮਿਲਿ ਗਇਆ ਏਕ ਸਮਾਨਾ ਏਕ॥੧੯੧॥	ਅਨੇਕ-ਹਿ	Eaek Anaekehi Mil Gaeiaa Eaek Samaanaa Eaek ||191||	One 'Raam' is pervading everywhere, while the other is contained only in himself. ||191||	ਕਿ ਇਕ ਰਾਮ ਤਾਂ ਅਨੇਕਾਂ ਜੀਵਾਂ ਵਿਚ ਵਿਆਪਕ ਹੈ (ਇਸ ਦਾ ਨਾਮ ਜਪਣਾ ਹਰੇਕ ਮਨੁੱਖ ਦਾ ਧਰਮ ਹੈ), ਪਰ ਇਕ ਰਾਮ (ਦਰਸਥ ਦਾ ਪੁੱਤਰ) ਸਿਰਫ਼ ਇਕ ਸਰੀਰ ਵਿਚ ਹੀ ਆਇਆ (ਅਵਤਾਰ ਬਣਿਆ; ਇਸ ਦਾ ਜਾਪ ਕੋਈ ਗੁਣ ਨਹੀਂ ਕਰ ਸਕਦਾ) ॥੧੯੧॥

58649	1374	ਕਬੀਰ ਜਾ ਘਰ ਸਾਧ ਨ ਸੇਵੀਅਹਿ ਹਰਿ ਕੀ ਸੇਵਾ ਨਾਹਿ॥		Kabeer Jaa Ghar Saadhh N Saeveeahi Har Kee Saevaa Naahi ||	Kabeer, those houses in which neither the Holy nor the Lord are served	ਹੇ ਕਬੀਰ! (ਠਾਕੁਰਾਂ ਦੀ ਪੂਜਾ ਤੇ ਹਰੇਕ ਦਿਨ-ਦਿਹਾਰ ਸਮੇ ਬ੍ਰਾਹਮਣ ਦੀ ਸੇਵਾ-ਬੱਸ! ਇਹ ਹੈ ਸਿੱਖਿਆ ਜੋ ਬ੍ਰਾਹਮਣ ਦੇਵਤਾ ਆਪਣੇ ਸ਼ਰਧਾਲੂਆਂ ਨੂੰ ਦੇ ਰਿਹਾ ਹੈ। ਸ਼ਰਧਾਲੂ ਵਿਚਾਰੇ ਭੀ ਠਾਕੁਰ-ਪੂਜਾ ਤੇ ਬ੍ਰਾਹਮਣ ਦੀ ਸੇਵਾ ਕਰ ਕੇ ਆਪਣੇ ਆਪ ਨੂੰ ਸੁਚੱਜੇ ਤੇ ਸੁੱਚੇ ਹਿੰਦੂ ਸਮਝ ਲੈਂਦੇ ਹਨ; ਪਰ ਅਸਲ ਗੱਲ ਇਹ ਹੈ ਕਿ) ਜਿਨ੍ਹਾਂ ਘਰਾਂ ਵਿਚ ਨੇਕ ਬੰਦਿਆਂ ਦੀ ਸੇਵਾ ਨਹੀਂ ਹੁੰਦੀ, ਤੇ ਪਰਮਾਤਮਾ ਦੀ ਭਗਤੀ ਨਹੀਂ ਕੀਤੀ ਜਾਂਦੀ,
58650	1374	ਤੇ ਘਰ ਮਰਹਟ ਸਾਰਖੇ ਭੂਤ ਬਸਹਿ ਤਿਨ ਮਾਹਿ॥੧੯੨॥		Thae Ghar Marehatt Saarakhae Bhooth Basehi Thin Maahi ||192||	- those houses are like cremation grounds; demons dwell within them. ||192||	ਉਹ ਘਰ (ਭਾਵੇਂ ਕਿਤਨੇ ਹੀ ਸੁੱਚੇ ਤੇ ਸਾਫ਼ ਰੱਖੇ ਜਾਂਦੇ ਹੋਣ) ਮਸਾਣਾਂ ਵਰਗੇ ਹਨ, ਉਹਨਾਂ ਘਰਾਂ ਵਿਚ (ਮਨੁੱਖ ਨਹੀਂ) ਭੂਤਨੇ ਵੱਸਦੇ ਹਨ ॥੧੯੨॥

58651	1374	ਕਬੀਰ ਗੂੰਗਾ ਹੂਆ ਬਾਵਰਾ ਬਹਰਾ ਹੂਆ ਕਾਨ॥		Kabeer Goongaa Hooaa Baavaraa Beharaa Hooaa Kaan ||	Kabeer, I have become mute, insane and deaf.	ਹੇ ਕਬੀਰ! (ਜਨੇਊ ਪਾ ਕੇ ਬ੍ਰਾਹਮਣ ਨੂੰ ਗੁਰੂ ਧਾਰ ਕੇ, ਠਾਕੁਰ-ਪੂਜਾ ਅਤੇ ਹਰੇਕ ਦਿਨ-ਦਿਹਾਰ ਸਮੇ ਬ੍ਰਾਹਮਣ ਦੀ ਹੀ ਪੂਜਾ-ਸੇਵਾ ਕਰ ਕੇ ਗੁਰੂ ਵਾਲਾ ਨਹੀਂ ਬਣ ਸਕੀਦਾ; ਜਿਸ ਨੂੰ ਸੱਚ-ਮੁੱਚ ਪੂਰਾ ਗੁਰੂ ਮਿਲਦਾ ਹੈ ਉਸ ਦਾ ਸਾਰਾ ਜੀਵਨ ਹੀ ਬਦਲ ਜਾਂਦਾ ਹੈ) ਉਹ (ਦੁਨੀਆ ਦੇ ਭਾਣੇ) ਗੁੰਗਾ, ਕਮਲਾ, ਬੋਲਾ ਹੋ ਜਾਂਦਾ ਹੈ (ਕਿਉਂਕਿ ਉਹ ਮਨੁੱਖ ਮੂੰਹੋਂ ਮੰਦੇ ਬੋਲ ਨਹੀਂ ਬੋਲਦਾ, ਉਸ ਨੂੰ ਕਿਸੇ ਦੀ ਮੁਥਾਜੀ ਨਹੀਂ ਹੁੰਦੀ, ਕੰਨਾਂ ਨਾਲ ਨਿੰਦਾ ਨਹੀਂ ਸੁਣਦਾ)
58652	1374	ਪਾਵਹੁ ਤੇ ਪਿੰਗੁਲ ਭਇਆ ਮਾਰਿਆ ਸਤਿਗੁਰ ਬਾਨ॥੧੯੩॥	ਭ-ਇਆ	Paavahu Thae Pingul Bhaeiaa Maariaa Sathigur Baan ||193||	I am crippled - the True Guru has pierced me with His Arrow. ||193||	ਜਿਸ ਮਨੁੱਖ ਦੇ ਹਿਰਦੇ ਵਿਚ ਸਤਿਗੁਰੂ ਆਪਣੇ ਸ਼ਬਦ ਦਾ ਤੀਰ ਮਾਰਦਾ ਹੈ, ਉਹ (ਦੁਨੀਆਂ ਭਾਣੇ) ਲੂਲ੍ਹਾ ਹੋ ਜਾਂਦਾ ਹੈ (ਕਿਉਂਕਿ ਉਹ ਪੈਰਾਂ ਨਾਲ ਮੰਦੇ ਪਾਸੇ ਵੱਲ ਤੁਰ ਕੇ ਨਹੀਂ ਜਾਂਦਾ) ॥੧੯੩॥
58653	1374	ਕਬੀਰ ਸਤਿਗੁਰ ਸੂਰਮੇ ਬਾਹਿਆ ਬਾਨੁ ਜੁ ਏਕੁ॥		Kabeer Sathigur Sooramae Baahiaa Baan J Eaek ||	Kabeer, the True Guru, the Spiritual Warrior, has shot me with His Arrow.	ਹੇ ਕਬੀਰ! ਜਿਸ ਮਨੁੱਖ ਨੂੰ ਸੂਰਮਾ ਸਤਿਗੁਰੂ ਆਪਣੇ ਸ਼ਬਦ ਦਾ ਇਕ ਤੀਰ ਮਾਰਦਾ ਹੈ,

58654	1374	ਲਾਗਤ ਹੀ ਭੁਇ ਗਿਰਿ ਪਰਿਆ ਪਰਾ ਕਰੇਜੇ ਛੇਕੁ॥੧੯੪॥	ਭੁ-ਇ	Laagath Hee Bhue Gir Pariaa Paraa Karaejae Shhaek ||194||	As soon as it struck me, I fell to the ground, with a hole in my heart. ||194||	ਤੀਰ ਵੱਜਦਿਆਂ ਹੀ ਉਹ ਮਨੁੱਖ ਨਿਰ-ਅਹੰਕਾਰ ਹੋ ਜਾਂਦਾ ਹੈ, ਉਸ ਦਾ ਹਿਰਦਾ ਪ੍ਰਭੂ-ਚਰਨਾਂ ਨਾਲ ਪ੍ਰੋਤਾ ਜਾਂਦਾ ਹੈ ॥੧੯੪॥
58655	1374	ਕਬੀਰ ਨਿਰਮਲ ਬੂੰਦ ਅਕਾਸ ਕੀ ਪਰਿ ਗਈ ਭੂਮਿ ਬਿਕਾਰ॥		Kabeer Niramal Boondh Akaas Kee Par Gee Bhoom Bikaar ||	Kabeer, the pure drop of water falls from the sky, onto the dirty ground.	ਹੇ ਕਬੀਰ! (ਵਰਖਾ ਸਮੇ) ਆਕਾਸ਼ (ਤੋਂ ਮੀਂਹ) ਦੀ ਜੋ ਸਾਫ਼ ਬੂੰਦ ਨਕਾਰੀ ਧਰਤੀ ਵਿਚ ਡਿੱਗ ਪਈ,
58656	1375	ਬਿਨੁ ਸੰਗਤਿ ਇਉ ਮਾਂਨਈ ਹੋਇ ਗਈ ਭਠ ਛਾਰ॥੧੯੫॥	ਭੱਠ	Bin Sangath Eio Maannee Hoe Gee Bhath Shhaar ||195||	You must acknowledge this, that without the Sangat, the Holy Congregation, it turns into burnt ashes. ||195||	(ਉਹ ਕਿਸੇ ਦਾ ਕੁਝ ਸੰਵਾਰ ਨਾਹ ਸਕੀ, ਸਗੋਂ ਆਪ ਭੀ) ਉਹ, ਮਾਨੋ, (ਬਲਦੇ) ਭੱਠ ਦੀ ਸੁਆਹ ਹੋ ਗਈ। ਇਹੀ ਹਾਲ ਸੰਗਤ ਤੋਂ ਬਿਨਾ ਮਨੁੱਖ ਦਾ ਹੁੰਦਾ ਹੈ (ਪਰਮ ਪਵਿਤ੍ਰ ਪਰਮਾਤਮਾ ਦੀ ਅੰਸ਼ ਜੀਵ ਜਨਮ ਲੈ ਕੇ ਜੇ ਕੁਸੰਗ ਵਿਚ ਫਸ ਗਿਆ ਤਾਂ ਸ੍ਰਿਸ਼ਟੀ ਦੀ ਕੋਈ ਸੇਵਾ ਕਰਨ ਦੇ ਥਾਂ ਆਪ ਭੀ ਵਿਕਾਰਾਂ ਵਿਚ ਸੜ ਮੁਇਆ) ॥੧੯੫॥

58657	1375	ਕਬੀਰ ਨਿਰਮਲ ਬੂੰਦ ਅਕਾਸ ਕੀ ਲੀਨੀ ਭੂਮਿ ਮਿਲਾਇ॥		Kabeer Niramal Boondh Akaas Kee Leenee Bhoom Milaae ||	Kabeer, the pure drop of water falls from the sky, and mixes with the dust.	ਹੇ ਕਬੀਰ! (ਵਰਖਾ ਸਮੇ) ਆਕਾਸ਼ (ਤੋਂ ਮੀਂਹ) ਦੀ ਜਿਸ ਸਾਫ਼ ਬੂੰਦ ਨੂੰ (ਸਿਆਣੇ ਜ਼ਿਮੀਂਦਾਰ ਨੇ ਹਲ ਆਦਿਕ ਨਾਲ ਵਾਹ-ਬਣਾ ਕੇ ਸੰਵਾਰੀ ਹੋਈ ਆਪਣੀ, ਜ਼ਮੀਨ ਵਿਚ (ਵੱਟ-ਬੰਨਾ ਠੀਕ ਕਰ ਕੇ) ਰਲਾ ਲਿਆ,
58658	1375	ਅਨਿਕ ਸਿਆਨੇ ਪਚਿ ਗਏ ਨਾ ਨਿਰਵਾਰੀ ਜਾਇ॥੧੯੬॥	ਪਚਿ: ਪੋਲਾ ਬੋਲੋ	Anik Siaanae Pach Geae Naa Niravaaree Jaae ||196||	Millions of clever people may try, but they will fail - it cannot be made separate again. ||196||	ਉਹ ਬੂੰਦ ਜ਼ਮੀਨ ਨਾਲੋਂ ਨਿਖੇੜੀ ਨਹੀਂ ਜਾ ਸਕਦੀ, ਭਾਵੇਂ ਅਨੇਕਾਂ ਸਿਆਣੇ ਕੋਸ਼ਸ਼ ਕਰ ਥੱਕਣ। (ਨੋਟ: ਕਲਰਾਠੀ ਅਣਵਾਹੀ ਧਰਤੀ ਉਤੇ ਪਿਆ ਮੀਂਹ ਦਾ ਪਾਣੀ ਧਰਤੀ ਉਤੇ ਜਾਲਾ ਬਣ ਜਾਣ ਕਰਕੇ ਬਹੁਤ ਘਟ ਜੀਊਰਦਾ ਹੈ)। (ਇਹੀ ਹਾਲ ਮਨੁੱਖ ਦਾ ਸਮਝੋ। ਪੂਰੇ ਗੁਰੂ ਦੀ ਮੇਹਰ ਨਾਲ ਉਸ ਦੀ ਜੀਭ ਕੰਨ ਆਦਿਕ ਇੰਦ੍ਰੇ ਪਰ-ਨਿੰਦਾ ਆਦਿਕ ਵਿਕਾਰਾਂ ਵਲੋਂ ਹਟ ਜਾਂਦੇ ਹਨ। ਇਸ ਸੰਵਾਰੀ ਹੋਈ ਸਰੀਰ-ਧਰਤੀ ਦੀ ਰਾਹੀਂ ਉਹ ਮਨੁੱਖ ਪ੍ਰਭੂ-ਚਰਨਾਂ ਵਿਚ ਅਜੇਹਾ ਜੁੜਦਾ ਹੈ ਕਿ ਕੋਈ ਵਿਕਾਰ ਉਸ ਨੂੰ ਉਥੋਂ ਵਿਛੋੜ ਨਹੀਂ ਸਕਦਾ) ॥੧੯੬॥

58659	1375	ਕਬੀਰ ਹਜ ਕਾਬੇ ਹਉ ਜਾਇ ਥਾ ਆਗੈ ਮਿਲਿਆ ਖੁਦਾਇ॥	ਹੱਜ	Kabeer Haj Kaabae Ho Jaae Thhaa Aagai Miliaa Khudhaae ||	Kabeer, I was going on a pilgrimage to Mecca, and God met me on the way.	ਹੇ ਕਬੀਰ! ਮੈਂ ਕਾਬੇ ਦਾ ਹੱਜ ਕਰਨ ਜਾ ਰਿਹਾ ਸਾਂ, ਉਥੇ ਗਏ ਨੂੰ ਅੱਗੋਂ ਖ਼ੁਦਾ ਮਿਲ ਪਿਆ।
58660	1375	ਸਾਂਈ ਮੁਝ ਸਿਉ ਲਰਿ ਪਰਿਆ ਤੁਝੈ ਕਿਨਿ ਫੁਰਮਾਈ ਗਾਇ॥੧੯੭॥	ਗਾਇ ਗੱਲ	Saanee Mujh Sio Lar Pariaa Thujhai Kinih Furamaaee Gaae ||197||	He scolded me and asked, ""Who told you that I am only there?""||197||	ਉਹ ਮੇਰਾ ਸਾਈਂ (ਖ਼ੁਦਾ ਖ਼ੁਸ਼ ਹੋਣ ਦੇ ਥਾਂ ਕਿ ਮੈਂ ਉਸ ਦੇ ਘਰ ਦਾ ਦੀਦਾਰ ਕਰਨ ਆਇਆ ਹਾਂ, ਸਗੋਂ) ਮੇਰੇ ਉਤੇ ਗੁੱਸੇ ਹੋਇਆ (ਤੇ ਆਖਣ ਲੱਗਾ) ਕਿ ਮੈਂ ਤਾਂ ਇਹ ਹੁਕਮ ਨਹੀਂ ਦਿੱਤਾ ਜੁ ਮੇਰੇ ਨਾਮ ਤੇ ਤੂੰ ਗਾਂ (ਆਦਿਕ) ਦੀ ਕੁਰਬਾਨੀ ਦੇਵੇਂ (ਤੇ, ਮੈਂ ਤੇਰੇ ਗੁਨਾਹ ਬਖ਼ਸ਼ ਦਿਆਂਗਾ) ॥੧੯੭॥
58661	1375	ਕਬੀਰ ਹਜ ਕਾਬੈ ਹੋਇ ਹੋਇ ਗਇਆ ਕੇਤੀ ਬਾਰ ਕਬੀਰ॥		Kabeer Haj Kaabai Hoe Hoe Gaeiaa Kaethee Baar Kabeer ||	Kabeer, I went to Mecca - how many times, Kabeer?	ਹੇ ਕਬੀਰ! ਮੈਂ ਕਈ ਵਾਰੀ, ਹੇ ਸਾਈਂ! (ਤੇਰੇ ਘਰ-) ਕਾਬੇ ਦਾ ਦੀਦਾਰ ਕਰਨ ਲਈ ਗਿਆ ਹਾਂ।

58662	1375	ਸਾਂਈ ਮੁਝ ਮਹਿ ਕਿਆ ਖਤਾ ਮੁਖਹੁ ਨ ਬੋਲੈ ਪੀਰ॥੧੯੮॥	ਖਤਾ: ਪੋਲਾ ਬੋਲੋ	Saanee Mujh Mehi Kiaa Khathaa Mukhahu N Bolai Peer ||198||	O Lord, what is the problem with me? You have not spoken to me with Your Mouth. ||198||	ਪਰ, ਹੇ ਖ਼ੁਦਾ! ਤੂੰ ਮੇਰੇ ਨਾਲ ਗੱਲ ਹੀ ਨਹੀਂ ਕਰਦਾ, ਮੇਰੇ ਵਿਚ ਤੂੰ ਕੀਹ ਕੀਹ ਖ਼ਤਾ ਵੇਖ ਰਿਹਾ ਹੈਂ? (ਜੇ ਹੱਜ ਅਤੇ ਕੁਰਬਾਨੀ ਨਾਲ ਭੀ ਬਖ਼ਸ਼ੇ ਨਹੀਂ ਗਏ। ਭਾਵ, ਹੱਜ ਅਤੇ ਕੁਰਬਾਨੀ ਨਾਲ ਖ਼ੁਦਾ ਖ਼ੁਸ਼ ਨਹੀਂ ਹੁੰਦਾ) ॥੧੯੮॥
58663	1375	ਕਬੀਰ ਜੀਅ ਜੁ ਮਾਰਹਿ ਜੋਰੁ ਕਰਿ ਕਹਤੇ ਹਹਿ ਜੁ ਹਲਾਲੁ॥		Kabeer Jeea J Maarehi Jor Kar Kehathae Hehi J Halaal ||	Kabeer, they oppress living beings and kill them, and call it proper.	ਹੇ ਕਬੀਰ! ਜੋ ਲੋਕ ਧੱਕਾ ਕਰ ਕੇ (ਗਾਂ ਆਦਿਕ) ਜੀਵਾਂ ਨੂੰ ਮਾਰਦੇ ਹਨ; ਪਰ ਆਖਦੇ ਇਹ ਹਨ ਕਿ (ਇਹ ਜ਼ਬਹ ਕੀਤਾ ਹੋਇਆ ਮਾਸ) ਖ਼ੁਦਾ ਦੇ ਨਾਮ ਤੇ ਕੁਰਬਾਨੀ ਦੇ ਲਾਇਕ ਹੋ ਗਿਆ ਹੈ,
58664	1375	ਦਫਤਰੁ ਦਈ ਜਬ ਕਾਢਿ ਹੈ ਹੋਇਗਾ ਕਉਨੁ ਹਵਾਲੁ॥੧੯੯॥		Dhafathar Dhee Jab Kaadt Hai Hoeigaa Koun Havaal ||199||	When the Lord calls for their account, what will their condition be? ||199||	ਜਦੋਂ ਸਭ ਜੀਵਾਂ ਨਾਲ ਪਿਆਰ ਕਰਨ ਵਾਲਾ ਖ਼ੁਦਾ (ਇਹਨਾਂ ਲੋਕਾਂ ਪਾਸੋਂ-ਅਮਲਾਂ ਦਾ ਲੇਖਾ ਮੰਗੇਗਾ, ਤਾਂ ਇਹਨਾਂ ਦਾ ਕੀਹ ਹਾਲ ਹੋਵੇਗਾ? (ਭਾਵ, ਕੁਰਬਾਨੀ ਦਿੱਤਿਆਂ ਗੁਨਾਹ ਬਖ਼ਸ਼ੇ ਨਹੀਂ ਜਾਂਦੇ) ॥੧੯੯॥
58665	1375	ਕਬੀਰ ਜੋਰੁ ਕੀਆ ਸੋ ਜੁਲਮੁ ਹੈ ਲੇਇ ਜਬਾਬੁ ਖੁਦਾਇ॥	ਲੇ-ਇ	Kabeer Jor Keeaa So Julam Hai Laee Jabaab Khudhaae ||	Kabeer, it is tyranny to use force; the Lord shall call you to account.	ਹੇ ਕਬੀਰ! ਜੋ ਭੀ ਮਨੁੱਖ ਕਿਸੇ ਉਤੇ ਧੱਕਾ ਕਰਦਾ ਹੈ ਉਹ ਜ਼ੁਲਮ ਕਰਦਾ ਹੈ; (ਅਤੇ ਜ਼ੁਲਮ ਦਾ) ਲੇਖਾ ਖ਼ੁਦਾ ਮੰਗਦਾ ਹੈ।

58666	1375	ਦਫਤਰਿ ਲੇਖਾ ਨੀਕਸੈ ਮਾਰ ਮੁਹੈ ਮੁਹਿ ਖਾਇ॥੨੦੦॥		Dhafathar Laekhaa Neekasai Maar Muhai Muhi Khaae ||200||	When your account is called for, your face and mouth shall be beaten. ||200||	ਜਿਸ ਕਿਸੇ ਦੀ ਵੀ ਲੇਖੇ ਦੀ ਬਾਕੀ ਨਿਕਲਦੀ ਹੈ ਉਹ ਬੜੀ ਸਜ਼ਾ ਭੁਗਤਦਾ ਹੈ। ਨੋਟ: ਕੀਤੇ ਗੁਨਾਹਾਂ ਨੂੰ 'ਕੁਰਬਾਨੀ' ਦੇ ਕੇ ਧੋਤਾ ਨਹੀਂ ਜਾ ਸਕਦਾ ॥੨੦੦॥
58667	1375	ਕਬੀਰ ਲੇਖਾ ਦੇਨਾ ਸੁਹੇਲਾ ਜਉ ਦਿਲ ਸੂਚੀ ਹੋਇ॥		Kabeer Laekhaa Dhaenaa Suhaelaa Jo Dhil Soochee Hoe ||	Kabeer, it is easy to render your account, if your heart is pure.	ਹੇ ਕਬੀਰ! (ਉਹ ਰੱਬ ਮਨੁੱਖ ਪਾਸੋਂ ਸਿਰਫ਼ ਦਿਲ ਦੀ ਪਾਕੀਜ਼ਗੀ ਦੀ ਕੁਰਬਾਨੀ ਮੰਗਦਾ ਹੈ) ਜੇ ਮਨੁੱਖ ਦੇ ਦਿਲ ਦੀ ਪਵਿਤ੍ਰਤਾ ਕਾਇਮ ਹੋਵੇ ਤਾਂ ਆਪਣੇ ਕੀਤੇ ਅਮਲਾਂ ਦਾ ਲੇਖਾ ਦੇਣਾ ਸੌਖਾ ਹੋ ਜਾਂਦਾ ਹੈ;
58668	1375	ਉਸੁ ਸਾਚੇ ਦੀਬਾਨ ਮਹਿ ਪਲਾ ਨ ਪਕਰੈ ਕੋਇ॥੨੦੧॥	ਪੱਲਾ	Ous Saachae Dheebaan Mehi Palaa N Pakarai Koe ||201||	In the True Court of the Lord, no one will seize you. ||201||	(ਇਸ ਪਵਿਤ੍ਰਤਾ ਦੀ ਬਰਕਤਿ ਨਾਲ) ਉਸ ਸੱਚੀ ਕਚਹਿਰੀ ਵਿਚ ਕੋਈ ਰੋਕ-ਟੋਕ ਨਹੀਂ ਕਰਦਾ ॥੨੦੧॥
58669	1375	ਕਬੀਰ ਧਰਤੀ ਅਰੁ ਆਕਾਸ ਮਹਿ ਦੁਇ ਤੂੰ ਬਰੀ ਅਬਧ॥	(ਅ-ਬੱਧ) ਕੱਟਣ ਰਹਿਤ	Kabeer Dhharathee Ar Aakaas Mehi Dhue Thoon Baree Abadhh ||	Kabeer: O duality, you are mighty and powerful in the earth and the sky.	ਹੇ ਕਬੀਰ! ਹੇ ਦ੍ਵੈਤ! ਸਾਰੀ ਸ੍ਰਿਸ਼ਟੀ ਵਿਚ ਹੀ (ਤੂੰ ਬਹੁਤ ਬਲੀ ਹੈਂ) ਤੈਨੂੰ ਬੜੀ ਔਖਿਆਈ ਨਾਲ ਹੀ ਮੁਕਾਇਆ ਜਾ ਸਕਦਾ ਹੈ।

58670	1375	ਖਟ ਦਰਸਨ ਸੰਸੇ ਪਰੇ ਅਰੁ ਚਉਰਾਸੀਹ ਸਿਧ॥੨੦੨॥		Khatt Dharasan Sansae Parae Ar Chouraaseeh Sidhh ||202||	The six Shaastras and the eighty-four Siddhas are entrenched in skepticism. ||202||	(ਹੱਜ ਕਰਨ ਤੇ ਕੁਰਬਾਨੀ ਦੇਣ ਵਾਲੇ ਮੁੱਲਾਂ, ਜਾਂ ਠਾਕੁਰ-ਪੂਜਾ ਕਰਨ ਕਰਾਣ ਵਾਲੇ ਬ੍ਰਾਹਮਣ ਤਾਂ ਕਿਤੇ ਰਹੇ) ਛੇ ਭੇਖਾਂ ਦੇ ਤਿਆਗੀ ਅਤੇ (ਜੋਗ ਦੇ ਸਾਧਨਾਂ ਵਿਚ ਪ੍ਰਪੱਕ ਹੋਏ) ਚੌਰਾਸੀ ਸਿੱਧ ਭੀ, ਹੇ ਦੁਇ! ਤੈਥੋਂ ਸਹਿਮੇ ਹੋਏ ਹਨ ॥੨੦੨॥
58671	1375	ਕਬੀਰ ਮੇਰਾ ਮੁਝ ਮਹਿ ਕਿਛੁ ਨਹੀ ਜੋ ਕਿਛੁ ਹੈ ਸੋ ਤੇਰਾ॥		Kabeer Maeraa Mujh Mehi Kishh Nehee Jo Kishh Hai So Thaeraa ||	Kabeer, nothing is mine within myself. Whatever there is, is Yours, O Lord.	ਹੇ ਕਬੀਰ! (ਇਸ 'ਦੁਇ' ਨੂੰ ਮਿਟਾਣ ਲਈ ਨਾਹ ਹੱਜ, ਕੁਰਬਾਨੀਆਂ, ਨਾਹ ਠਾਕੁਰ-ਪੂਜਾ ਨਾਹ ਬ੍ਰਾਹਮਣ ਦੀ ਸੇਵਾ, ਨਾਹ ਤਿਆਗ ਤੇ ਨਾਹ ਜੋਗ-ਸਾਧਨ-ਇਹ ਕੋਈ ਭੀ ਸਹਾਇਤਾ ਨਹੀਂ ਕਰਦੇ। ਸਿਰਫ਼ ਇੱਕੋ ਹੀ ਤਰੀਕਾ ਹੈ ਉਹ ਇਹ ਕਿ ਆਪਣਾ ਆਪ ਪ੍ਰਭੂ ਦੇ ਹਵਾਲੇ ਕੀਤਾ ਜਾਏ, ਇਸੇ ਦਾ ਨਾਮ 'ਦਿਲ-ਸਾਬਤਿ' ਹੈ। ਸੋ, ਪ੍ਰਭੂ ਦੇ ਦਰ ਤੇ ਅਰਦਾਸ ਕਰ ਤੇ ਆਖ-) ਹੇ ਪ੍ਰਭੂ! ਜੋ ਕੁਝ ਮੇਰੇ ਪਾਸ ਹੈ (ਇਹ ਤਨ ਮਨ ਧਨ), ਇਸ ਵਿਚ ਕੋਈ ਚੀਜ਼ ਐਸੀ ਨਹੀਂ ਜਿਸ ਨੂੰ ਮੈਂ ਆਪਣੀ ਆਖ ਸਕਾਂ; ਜੋ ਕੁਝ ਮੇਰੇ ਕੋਲ ਹੈ ਸਭ ਤੇਰਾ ਹੀ ਦਿੱਤਾ ਹੋਇਆ ਹੈ।

58672	1375	ਤੇਰਾ ਤੁਝ ਕਉ ਸਉਪਤੇ ਕਿਆ ਲਾਗੈ ਮੇਰਾ॥੨੦੩॥		Thaeraa Thujh Ko Soupathae Kiaa Laagai Maeraa ||203||	If I surrender to You what is already Yours, what does it cost me? ||203||	(ਜੇ ਤੇਰੀ ਮੇਹਰ ਹੋਵੇ ਤਾਂ) ਤੇਰਾ ਬਖ਼ਸ਼ਿਆ ਹੋਇਆ (ਇਹ ਤਨ ਮਨ ਧਨ) ਮੈਂ ਤੇਰੀ ਭੇਟ ਕਰਦਾ ਹਾਂ, ਇਸ ਵਿਚ ਮੇਰੇ ਪੱਲਿਓਂ ਕੁਝ ਖ਼ਰਚ ਨਹੀਂ ਹੁੰਦਾ ॥੨੦੩॥
58673	1375	ਕਬੀਰ ਤੂੰ ਤੂੰ ਕਰਤਾ ਤੂ ਹੂਆ ਮੁਝ ਮਹਿ ਰਹਾ ਨ ਹੂੰ॥		Kabeer Thoon Thoon Karathaa Thoo Hooaa Mujh Mehi Rehaa N Hoon ||	Kabeer, repeating, ""You, You"", I have become like You. Nothing of me remains in myself.	ਹੇ ਕਬੀਰ! (ਪ੍ਰਭੂ ਦੇ ਦਰ ਤੇ ਇਉਂ ਆਖ-ਹੇ ਪ੍ਰਭੂ! ਤੇਰੀ ਮੇਹਰ ਨਾਲ) ਹਰ ਵੇਲੇ ਤੇਰਾ ਸਿਮਰਨ ਕਰਦਿਆਂ ਮੈਂ ਤੇਰੇ ਵਿਚ ਹੀ ਲੀਨ ਹੋ ਗਿਆ ਹਾਂ, ਮੇਰੇ ਅੰਦਰ 'ਮੈਂ ਮੈਂ' ਦਾ ਖ਼ਿਆਲ ਰਹਿ ਹੀ ਨਹੀਂ ਗਿਆ।
58674	1375	ਜਬ ਆਪਾ ਪਰ ਕਾ ਮਿਟਿ ਗਇਆ ਜਤ ਦੇਖਉ ਤਤ ਤੂ॥੨੦੪॥	ਜਤ ਤਤ: ਪੋਲੇ ਬੋਲੋ	Jab Aapaa Par Kaa Mitt Gaeiaa Jath Dhaekho Thath Thoo ||204||	When the difference between myself and others is removed, then wherever I look, I see only You. ||204||	(ਤੇਰਾ ਸਿਮਰਨ ਕਰਦਿਆਂ ਹੁਣ) ਜਦੋਂ (ਮੇਰੇ ਅੰਦਰੋਂ ਆਪਣੇ ਪਰਾਏ ਵਾਲਾ ਵਿਤਕਰਾ ਮਿਟ ਗਿਆ ਹੈ ('ਦੁਇ' ਮਿਟ ਗਈ ਹੈ), ਮੈਂ ਜਿਧਰ ਵੇਖਦਾ ਹਾਂ ਮੈਨੂੰ (ਹਰ ਥਾਂ) ਤੂੰ ਹੀ ਦਿਸ ਰਿਹਾ ਹੈਂ ॥੨੦੪॥
58675	1375	ਕਬੀਰ ਬਿਕਾਰਹ ਚਿਤਵਤੇ ਝੂਠੇ ਕਰਤੇ ਆਸ॥		Kabeer Bikaareh Chithavathae Jhoothae Karathae Aas ||	Kabeer, those who think of evil and entertain false hopes	ਹੇ ਕਬੀਰ! (ਜੋ ਮਨੁੱਖ 'ਦੁਇ' ਵਿਚ ਫਸੇ ਰਹਿ ਕੇ ਪ੍ਰਭੂ ਦਾ ਸਿਮਰਨ ਨਹੀਂ ਕਰਦੇ) ਜੋ ਸਦਾ ਭੈੜੇ ਕੰਮ ਕਰਨ ਦੀਆਂ ਹੀ ਸੋਚਾਂ ਸੋਚਦੇ ਰਹਿੰਦੇ ਹਨ, ਜੋ ਸਦਾ ਇਹਨਾਂ ਨਾਸਵੰਤ ਪਦਾਰਥਾਂ ਦੀਆਂ ਹੀ ਤਾਂਘਾਂ ਤਾਂਘਦੇ ਰਹਿੰਦੇ ਹਨ,

58676	1375	ਮਨੋਰਥੁ ਕੋਇ ਨ ਪੂਰਿਓ ਚਾਲੇ ਊਠਿ ਨਿਰਾਸ॥੨੦੫॥		Manorathh Koe N Pooriou Chaalae Ooth Niraas ||205||	- none of their desires shall be fulfilled; they shall depart in despair. ||205||	ਉਹ ਮਨੁੱਖ ਦਿਲ ਦੀਆਂ ਆਸਾਂ ਨਾਲ ਲੈ ਕੇ ਹੀ (ਇਥੋਂ) ਤੁਰ ਪੈਂਦੇ ਹਨ, ਉਹਨਾਂ ਦੇ ਮਨ ਦੀ ਕੋਈ ਦੌੜ-ਭੱਜ ਪੂਰੀ ਨਹੀਂ ਹੁੰਦੀ (ਭਾਵ, ਕਿਸੇ ਭੀ ਪਦਾਰਥ ਦੇ ਮਿਲਣ ਨਾਲ ਉਹਨਾਂ ਦੇ ਮਨ ਦੀ ਦੌੜ-ਭੱਜ ਮੁੱਕਦੀ ਨਹੀਂ, ਆਸਾਂ ਹੋਰ ਹੋਰ ਵਧਦੀਆਂ ਜਾਂਦੀਆਂ ਹਨ) ॥੨੦੫॥
58677	1375	ਕਬੀਰ ਹਰਿ ਕਾ ਸਿਮਰਨੁ ਜੋ ਕਰੈ ਸੋ ਸੁਖੀਆ ਸੰਸਾਰਿ॥		Kabeer Har Kaa Simaran Jo Karai So Sukheeaa Sansaar ||	Kabeer, whoever meditates in remembrance on the Lord, he alone is happy in this world.	ਹੇ ਕਬੀਰ! ਜੋ ਮਨੁੱਖ ਪਰਮਾਤਮਾ ਦੀ ਯਾਦ ਹਿਰਦੇ ਵਿਚ ਵਸਾਂਦਾ ਹੈ, ਉਹ ਇਸ ਜਗਤ ਵਿਚ ਸੁਖੀ ਜੀਵਨ ਬਿਤੀਤ ਕਰਦਾ ਹੈ;
58678	1375	ਇਤ ਉਤ ਕਤਹਿ ਨ ਡੋਲਈ ਜਿਸ ਰਾਖੈ ਸਿਰਜਨਹਾਰ॥੨੦੬॥		Eith Outh Kathehi N Ddolee Jis Raakhai Sirajanehaar ||206||	One who is protected and saved by the Creator Lord, shall never waver, here or hereafter. ||206||	ਉਹ ਮਨੁੱਖ ਇਸ ਲੋਕ ਤੇ ਪਰਲੋਕ ਵਿਚ ਕਿਤੇ ਭੀ (ਇਹਨਾਂ ਵਿਕਾਰਾਂ ਤੇ ਆਸਾਂ ਦੇ ਕਾਰਨ) ਭਟਕਦਾ ਨਹੀਂ ਹੈ, ਕਿਉਂਕਿ ਪਰਮਾਤਮਾ ਆਪ ਉਸ ਨੂੰ ਇਹਨਾਂ ਤੋਂ ਬਚਾਂਦਾ ਹੈ ॥੨੦੬॥

58679	1375	ਕਬੀਰ ਘਾਣੀ ਪੀੜਤੇ ਸਤਿਗੁਰ ਲੀਏ ਛਡਾਇ॥		Kabeer Ghaanee Peerrathae Sathigur Leeeae Shhaddaae ||	Kabeer, I was being crushed like sesame seeds in the oil-press, but the True Guru saved me.	ਹੇ ਕਬੀਰ! (ਦੁਨੀਆ ਦੇ ਜੀਵ ਵਿਕਾਰਾਂ ਤੇ ਦੁਨਿਆਵੀ ਆਸਾਂ ਦੀ) ਘਾਣੀ ਵਿਚ (ਇਉਂ) ਪੀੜੇ ਜਾ ਰਹੇ ਹਨ, (ਜਿਵੇਂ ਕੋਹਲੂ ਵਿਚ ਤਿਲ ਪੀੜੀਦੇ ਹਨ;) (ਪਰ ਜੋ ਜੋ 'ਹਰਿ ਕਾ ਸਿਮਰਨੁ ਕਰੈ') ਉਹਨਾਂ ਨੂੰ ਸਤਿਗੁਰੂ (ਇਸ ਘਾਣੀ ਵਿਚੋਂ) ਬਚਾ ਲੈਂਦਾ ਹੈ।
58680	1375	ਪਰਾ ਪੂਰਬਲੀ ਭਾਵਨੀ ਪਰਗਟੁ ਹੋਈ ਆਇ॥੨੦੭॥		Paraa Poorabalee Bhaavanee Paragatt Hoee Aae ||207||	My pre-ordained primal destiny has now been revealed. ||207||	(ਪ੍ਰਭੂ ਚਰਨਾਂ ਨਾਲ ਉਹਨਾਂ ਦਾ) ਪਿਆਰ ਜੋ ਧੁਰ ਤੋਂ ਤੁਰਿਆ ਆ ਰਿਹਾ ਸੀ (ਪਰ ਜੋ ਇਹਨਾਂ ਵਿਕਾਰਾਂ ਤੇ ਆਸਾਂ ਹੇਠ ਨੱਪਿਆ ਗਿਆ ਸੀ, ਉਹ ਸਿਮਰਨ ਦੀ ਬਰਕਤਿ ਤੇ ਸਤਿਗੁਰੂ ਦੀ ਮੇਹਰ ਨਾਲ) ਮੁੜ ਹਿਰਦੇ ਵਿਚ ਚਮਕ ਪੈਂਦਾ ਹੈ ॥੨੦੭॥
58681	1375	ਕਬੀਰ ਟਾਲੈ ਟੋਲੈ ਦਿਨੁ ਗਇਆ ਬਿਆਜੁ ਬਢੰਤਉ ਜਾਇ॥	ਟਾਲੈ ਟੋਲੈ:ਪੋਲੇ ਬੋਲੋ	Kabeer Ttaalai Ttolai Dhin Gaeiaa Biaaj Badtantho Jaae ||	Kabeer, my days have passed, and I have postponed my payments; the interest on my account continues to increase.	ਹੇ ਕਬੀਰ! (ਜੋ ਮਨੁੱਖ ਗੁਰੂ ਦੀ ਸਰਨ ਨਹੀਂ ਆਉਂਦੇ, ਉਹਨਾਂ ਦੇ ਕੀਤੇ ਵਿਕਾਰਾਂ ਤੇ ਬਣਾਈਆਂ ਆਸਾਂ ਦੇ ਕਾਰਨ ਸਿਮਰਨ ਵਲੋਂ) ਅੱਜ-ਭਲਕ ਕਰਦਿਆਂ ਉਹਨਾਂ ਦੀ ਉਮਰ ਦਾ ਸਮਾਂ ਗੁਜ਼ਰਦਾ ਜਾਂਦਾ ਹੈ, (ਵਿਕਾਰਾਂ ਤੇ ਆਸਾਂ ਦਾ) ਵਿਆਜ ਵਧਦਾ ਜਾਂਦਾ ਹੈ।

58682	1375	ਨਾ ਹਰਿ ਭਜਿਓ ਨ ਖਤੁ ਫਟਿਓ ਕਾਲੁ ਪਹੂੰਚੋ ਆਇ॥੨੦੮॥	ਖਤੁ:ਪੋਲਾ ਬੋਲੋ	Naa Har Bhajiou N Khath Fattiou Kaal Pehooncho Aae ||208||	I have not meditated on the Lord and my account is still pending, and now, the moment of my death has come! ||208||	ਨਾਹ ਹੀ ਉਹ ਪਰਮਾਤਮਾ ਦਾ ਸਿਮਰਨ ਕਰਦੇ ਹਨ, ਨਾਹ ਹੀ ਉਹਨਾਂ ਦਾ (ਵਿਕਾਰਾਂ ਤੇ ਆਸਾਂ ਦਾ ਇਹ) ਲੇਖਾ ਮੁੱਕਦਾ ਹੈ। (ਬੱਸ! ਇਹਨਾਂ ਵਿਕਾਰਾਂ ਤੇ ਆਸਾਂ ਵਿਚ ਫਸੇ ਹੋਇਆਂ ਦੇ ਸਿਰ ਉਤੇ) ਮੌਤ ਆ ਅੱਪੜਦੀ ਹੈ ॥੨੦੮॥
58683	1375	ਮਹਲਾ ੫॥	ਭਗਤ ਬਾਣੀ, ਗੁਰਬਾਣੀ ਜੀ ਦੀ ਏਕਤਾ ਅਭੇਦਤਾ ਦਿਖਾਉਂਣ ਲਈ ਮਹੱਲਾ ਪੰਜਵਾਂ ਜੀ ਗੁਰਬਾਣੀ ਉਚਾਰਦੇ ਹਨ	Mehalaa 5 ||	Fifth Mehl:	
58684	1375	ਕਬੀਰ ਕੂਕਰੁ ਭਉਕਨਾ ਕਰੰਗ ਪਿਛੈ ਉਠਿ ਧਾਇ॥		Kabeer Kookar Bhoukanaa Karang Pishhai Outh Dhhaae ||	Kabeer, the mortal is a barking dog, chasing after a carcass.	ਹੇ ਕਬੀਰ! ਭੌਂਕਣ ਵਾਲਾ (ਭਾਵ, ਲਾਲਚ ਦਾ ਮਾਰਿਆ) ਕੁੱਤਾ ਸਦਾ ਮੁਰਦਾਰ ਵੱਲ ਦੌੜਦਾ ਹੈ (ਇਸੇ ਤਰ੍ਹਾਂ ਵਿਕਾਰਾਂ ਤੇ ਆਸਾਂ ਵਿਚ ਫਸਿਆ ਮਨੁੱਖ ਸਦਾ ਵਿਕਾਰਾਂ ਤੇ ਆਸਾਂ ਵੱਲ ਹੀ ਦੌੜਦਾ ਹੈ, ਤਾਹੀਏਂ ਇਹ ਸਿਮਰਨ ਵਲੋਂ ਟਾਲ-ਮਟੌਲੇ ਕਰਦਾ ਹੈ)।
58685	1375	ਕਰਮੀ ਸਤਿਗੁਰੁ ਪਾਇਆ ਜਿਨਿ ਹਉ ਲੀਆ ਛਡਾਇ॥੨੦੯॥		Karamee Sathigur Paaeiaa Jin Ho Leeaa Shhaddaae ||209||	By the Grace of good karma, I have found the True Guru, who has saved me. ||209||	ਮੈਨੂੰ ਪਰਮਾਤਮਾ ਦੀ ਮੇਹਰ ਨਾਲ ਸਤਿਗੁਰੂ ਮਿਲ ਪਿਆ ਹੈ, ਉਸ ਨੇ ਮੈਨੂੰ (ਇਹਨਾਂ ਵਿਕਾਰਾਂ ਤੇ ਆਸਾਂ ਦੇ ਪੰਜੇ ਤੋਂ) ਛੁਡਾ ਲਿਆ ਹੈ ॥੨੦੯॥

58686	1375	ਮਹਲਾ ੫॥		Mehalaa 5 ||	Fifth Mehl:	
58687	1375	ਕਬੀਰ ਧਰਤੀ ਸਾਧ ਕੀ ਤਸਕਰ ਬੈਸਹਿ ਗਾਹਿ॥		Kabeer Dhharathee Saadhh Kee Thasakar Baisehi Gaahi ||	Kabeer, the earth belongs to the Holy, but it is being occupied by thieves.	ਹੇ ਕਬੀਰ! ਜੇ ਵਿਕਾਰੀ ਮਨੁੱਖ (ਚੰਗੇ ਭਾਗਾਂ ਨਾਲ) ਹੋਰ ਝਾਕ ਛੱਡ ਕੇ ਸਤਿਗੁਰੂ ਦੀ ਸੰਗਤ ਵਿਚ ਆ ਬੈਠਣ,
58688	1375	ਧਰਤੀ ਭਾਰਿ ਨ ਬਿਆਪਈ ਉਨ ਕਉ ਲਾਹੂ ਲਾਹਿ॥੨੧੦॥		Dhharathee Bhaar N Biaapee Oun Ko Laahoo Laahi ||210||	They are not a burden to the earth; they receive its blessings. ||210||	ਤਾਂ ਵਿਕਾਰੀਆਂ ਦਾ ਅਸਰ ਉਸ ਸੰਗਤ ਉਤੇ ਨਹੀਂ ਪੈਂਦਾ। ਹਾਂ, ਵਿਕਾਰੀ ਬੰਦਿਆਂ ਨੂੰ ਜ਼ਰੂਰ ਲਾਭ ਅੱਪੜਦਾ ਹੈ, ਉਹ ਵਿਕਾਰੀ ਬੰਦੇ ਜ਼ਰੂਰ ਲਾਭ ਉਠਾਂਦੇ ਹਨ ॥੨੧੦॥
58689	1375	ਮਹਲਾ ੫॥		Mehalaa 5 ||	Fifth Mehl:	
58690	1375	ਕਬੀਰ ਚਾਵਲ ਕਾਰਨੇ ਤੁਖ ਕਉ ਮੁਹਲੀ ਲਾਇ॥	ਤੁਖ: ਪੋਲਾ ਬੋਲੋ	Kabeer Chaaval Kaaranae Thukh Ko Muhalee Laae ||	Kabeer, the rice is beaten with a mallet to get rid of the husk.	ਹੇ ਕਬੀਰ! (ਤੋਹਾਂ ਨਾਲੋਂ) ਚਉਲ (ਵੱਖਰੇ ਕਰਨ) ਦੀ ਖ਼ਾਤਰ (ਛੜਨ ਵੇਲੇ) ਤੋਹਾਂ ਨੂੰ ਮੁਹਲੀ (ਦੀ ਸੱਟ) ਵੱਜਦੀ ਹੈ।
58691	1375	ਸੰਗਿ ਕੁਸੰਗੀ ਬੈਸਤੇ ਤਬ ਪੂਛੈ ਧਰਮਰਾਇ॥੨੧੧॥		Sang Kusangee Baisathae Thab Pooshhai Dhharam Raae ||211||	When people sit in evil company, the Righteous Judge of Dharma calls them to account. ||211||	ਇਸੇ ਤਰ੍ਹਾਂ ਜੋ ਮਨੁੱਖ ਵਿਕਾਰੀਆਂ ਦੀ ਸੁਹਬਤਿ ਵਿਚ ਬੈਠਦਾ ਹੈ (ਉਹ ਭੀ ਵਿਕਾਰਾਂ ਦੀ ਸੱਟ ਖਾਂਦਾ ਹੈ, ਵਿਕਾਰ ਕਰਨ ਲੱਗ ਪੈਂਦਾ ਹੈ) ਉਸ ਤੋਂ ਧਰਮਰਾਜ ਲੇਖਾ ਮੰਗਦਾ ਹੈ ॥੨੧੧॥

58692	1375	ਨਾਮਾ ਮਾਇਆ ਮੋਹਿਆ ਕਹੈ ਤਿਲੋਚਨੁ ਮੀਤ॥		Naamaa Maaeiaa Mohiaa Kehai Thilochan Meeth ||	Trilochan says, O Naam Dayv, Maya has enticed you, my friend.	ਤ੍ਰਿਲੋਚਨ ਆਖਦਾ ਹੈ ਕਿ ਹੇ ਮਿੱਤ੍ਰ ਨਾਮਦੇਵ! ਤੂੰ ਤਾਂ ਮਾਇਆ ਵਿਚ ਫਸਿਆ ਜਾਪਦਾ ਹੈਂ।
58693	1375	ਕਾਹੇ ਛੀਪਹੁ ਛਾਇਲੈ ਰਾਮ ਨ ਲਾਵਹੁ ਚੀਤੁ॥੨੧੨॥	(ਛਪਿਹੁ) ਛਾਪਦੇ ਹੋਂ। (ਛਾਇਲੈ) ਚਾਦਰ।	Kaahae Shheepahu Shhaaeilai Raam N Laavahu Cheeth ||212||	Why are you printing designs on these sheets, and not focusing your consciousness on the Lord? ||212||	ਇਹ ਅੰਬਰੇ ਕਿਉਂ ਠੇਕ ਰਿਹਾ ਹੈਂ? ਪਰਮਾਤਮਾ ਦੇ (ਚਰਨਾਂ) ਨਾਲ ਕਿਉਂ ਚਿੱਤ ਨਹੀਂ ਜੋੜਦਾ? ॥੨੧੨॥
58694	1375	ਨਾਮਾ ਕਹੈ ਤਿਲੋਚਨਾ ਮੁਖ ਤੇ ਰਾਮੁ ਸੰਮ੍ਹਾਲਿ॥		Naamaa Kehai Thilochanaa Mukh Thae Raam Sanmhaal ||	Naam Dayv answers, O Trilochan, chant the Lord's Name with your mouth.	ਨਾਮਦੇਵ (ਅੱਗੋਂ) ਉੱਤਰ ਦੇਂਦਾ ਹੈ- ਹੇ ਤ੍ਰਿਲੋਚਨ! ਮੂੰਹ ਨਾਲ ਪਰਮਾਤਮਾ ਦਾ ਨਾਮ ਲੈ;
58695	1376	ਹਾਥ ਪਾਉ ਕਰਿ ਕਾਮੁ ਸਭੁ ਚੀਤੁ ਨਿਰੰਜਨ ਨਾਲਿ॥੨੧੩॥		Haathh Paao Kar Kaam Sabh Cheeth Niranjan Naal ||213||	With your hands and feet, do all your work, but let your consciousness remain with the Immaculate Lord. ||213||	ਹੱਥ ਪੈਰ ਵਰਤ ਕੇ ਸਾਰਾ ਕੰਮ-ਕਾਜ ਕਰ, ਅਤੇ ਆਪਣਾ ਚਿਤ ਮਾਇਆ-ਰਹਿਤ ਪਰਮਾਤਮਾ ਨਾਲ ਜੋੜ ॥੨੧੩॥
58696	1376	ਮਹਲਾ ੫॥		Mehalaa 5 ||	Fifth Mehl:	
58697	1376	ਕਬੀਰਾ ਹਮਰਾ ਕੋ ਨਹੀ ਹਮ ਕਿਸ ਹੂ ਕੇ ਨਾਹਿ॥		Kabeeraa Hamaraa Ko Nehee Ham Kis Hoo Kae Naahi ||	Kabeer, no one belongs to me, and I belong to no one else.	ਹੇ ਕਬੀਰ! ਨਾਹ ਕੋਈ ਅਸਾਡਾ ਸਦਾ ਦਾ ਸਾਥੀ ਹੈ ਅਤੇ ਨਾਹ ਹੀ ਅਸੀਂ ਕਿਸੇ ਦੇ ਸਦਾ ਲਈ ਸਾਥੀ ਬਣ ਸਕਦੇ ਹਾਂ (ਬੇੜੀ ਦੇ ਪੁਰ ਦਾ ਮੇਲਾ ਹੈ)

58698	1376	ਜਿਨਿ ਇਹੁ ਰਚਨੁ ਰਚਾਇਆ ਤਿਸ ਹੀ ਮਾਹਿ ਸਮਾਹਿ॥੨੧੪॥		Jin Eihu Rachan Rachaaeiaa This Hee Maahi Samaahi ||214||	The One who created the creation - into Him I shall be absorbed. ||214||	(ਤਾਂ ਤੇ) ਜਿਸ ਪਰਮਾਤਮਾ ਨੇ ਇਹ ਰਚਨਾ ਰਚੀ ਹੈ, ਅਸੀਂ ਤਾਂ ਉਸੇ ਦੀ ਯਾਦ ਵਿਚ ਟਿਕੇ ਰਹਿੰਦੇ ਹਾਂ ॥੨੧੪॥
58699	1376	ਕਬੀਰ ਕੀਚੜਿ ਆਟਾ ਗਿਰਿ ਪਰਿਆ ਕਿਛੂ ਨ ਆਇਓ ਹਾਥ॥		Kabeer Keecharr Aattaa Gir Pariaa Kishhoo N Aaeiou Haathh ||	Kabeer, the flour has fallen into the mud; nothing has come into my hands.	ਹੇ ਕਬੀਰ! (ਕੋਈ ਤੀਵੀਂ ਜੁ ਕਿਸੇ ਦੇ ਘਰੋਂ ਆਟਾ ਪੀਹ ਕੇ ਲਿਆਈ, ਆਪਣੇ ਘਰ ਆਉਂਦਿਆਂ ਰਾਹ ਵਿਚ ਉਹ) ਆਟਾ ਚਿੱਕੜ ਵਿਚ ਡਿੱਗ ਪਿਆ, ਉਸ (ਵਿਚਾਰੀ) ਦੇ ਹੱਥ-ਪੱਲੇ ਕੁਝ ਭੀ ਨਾਹ ਪਿਆ।
58700	1376	ਪੀਸਤ ਪੀਸਤ ਚਾਬਿਆ ਸੋਈ ਨਿਬਹਿਆ ਸਾਥ॥੨੧੫॥		Peesath Peesath Chaabiaa Soee Nibehiaa Saathh ||215||	That which was eaten while it was being ground - that alone is of any use. ||215||	ਚੱਕੀ ਪੀਂਹਦਿਆਂ ਪੀਂਹਦਿਆਂ ਜਿਤਨੇ ਕੁ ਦਾਣੇ ਉਸ ਨੇ ਚੱਬ ਲਏ, ਬੱਸ! ਉਹੀ ਉਸ ਦੇ ਕੰਮ ਆਇਆ ॥੨੧੫॥

58701	1376	ਕਬੀਰ ਮਨੁ ਜਾਨੈ ਸਭ ਬਾਤ ਜਾਨਤ ਹੀ ਅਉਗਨੁ ਕਰੈ॥		Kabeer Man Jaanai Sabh Baath Jaanath Hee Aougan Karai ||	Kabeer, the mortal knows everything, and knowing, he still makes mistakes.	ਹੇ ਕਬੀਰ! (ਜੋ ਮਨੁੱਖ ਹਰ ਰੋਜ਼ ਧਰਮ = ਅਸਥਾਨ ਤੇ ਜਾ ਕੇ ਭਜਨ ਭਗਤੀ ਕਰਨ ਪਿਛੋਂ ਸਾਰਾ ਦਿਨ ਠੱਗੀ-ਫ਼ਰੇਬ ਦੀ ਕਿਰਤ-ਕਮਾਈ ਕਰਦਾ ਹੈ, ਉਹ ਇਸ ਗੱਲੋਂ ਨਾਵਾਕਿਫ਼ ਨਹੀਂ ਕਿ ਇਹ ਮਾੜੀ ਗੱਲ ਹੈ, ਉਸ ਦਾ) ਮਨ ਸਭ ਕੁਝ ਜਾਣਦਾ ਹੈ, ਪਰ ਉਹ ਜਾਣਦਾ ਹੋਇਆ ਭੀ (ਠੱਗੀ ਦੀ ਕਮਾਈ ਵਾਲਾ) ਪਾਪ ਕਰੀ ਜਾਂਦਾ ਹੈ।
58702	1376	ਕਾਹੇ ਕੀ ਕੁਸਲਾਤ ਹਾਥਿ ਦੀਪੁ ਕੂਏ ਪਰੈ॥੨੧੬॥	(ਕੁਸਲਾਤ) ਸੁਖ	Kaahae Kee Kusalaath Haathh Dheep Kooeae Parai ||216||	What good is a lamp in one's hand, if he falls into the well? ||216||	(ਪਰਮਾਤਮਾ ਦੀ ਭਗਤੀ ਤਾਂ ਇਕ ਜਗਦਾ ਦੀਵਾ ਹੈ ਜਿਸ ਨੇ ਜ਼ਿੰਦਗੀ ਦੇ ਹਨੇਰੇ ਸਫ਼ਰ ਵਿਚ ਮਨੁੱਖ ਨੂੰ ਰਸਤਾ ਵਿਖਾਣਾ ਹੈ, ਵਿਕਾਰਾਂ ਦੇ ਖੂਹ-ਖਾਤੇ ਵਿਚ ਡਿੱਗਣੋਂ ਬਚਾਣਾ ਹੈ, ਪਰ) ਉਸ ਦੀਵੇ ਤੋਂ ਕੀਹ ਸੁਖ ਜੇ ਉਸ ਦੀਵੇ ਦੇ ਅਸਾਡੇ ਹੱਥ ਵਿਚ ਹੁੰਦਿਆਂ ਭੀ ਅਸੀਂ ਖੂਹ ਵਿਚ ਡਿੱਗ ਪਏ? ॥੨੧੬॥

58703	1376	ਕਬੀਰ ਲਾਗੀ ਪ੍ਰੀਤਿ ਸੁਜਾਨ ਸਿਉ ਬਰਜੈ ਲੋਗੁ ਅਜਾਨੁ॥		Kabeer Laagee Preeth Sujaan Sio Barajai Log Ajaan ||	Kabeer, I am in love with the All-knowing Lord; the ignorant ones try to hold me back.	ਹੇ ਕਬੀਰ! (ਜੇ ਤੂੰ "ਚੀਤੁ ਨਿਰੰਜਨ ਨਾਲਿ" ਜੋੜੀ ਰੱਖਣਾ ਹੈ ਤਾਂ ਇਹ ਚੇਤਾ ਰੱਖ ਕਿ ਇਹ) ਮੂਰਖ ਜਗਤ (ਭਾਵ, ਸਾਕ-ਸੰਬੰਧੀਆਂ ਦਾ ਮੋਹ ਅਤੇ ਠੱਗੀ ਦੀ ਕਿਰਤ-ਕਾਰ) ਘਟ ਘਟ ਦੀ ਜਾਨਣ ਵਾਲੇ ਪਰਮਾਤਮਾ ਨਾਲ ਬਣੀ ਪ੍ਰੀਤ ਦੇ ਰਸਤੇ ਵਿਚ ਰੋਕ ਪਾਂਦਾ ਹੈ;
58704	1376	ਤਾ ਸਿਉ ਟੂਟੀ ਕਿਉ ਬਨੈ ਜਾ ਕੇ ਜੀਅ ਪਰਾਨ॥੨੧੭॥		Thaa Sio Ttoottee Kio Banai Jaa Kae Jeea Paraan ||217||	How could I ever break with the One, who owns our soul and breath of life. ||217||	(ਅਤੇ ਇਸ ਧੋਖੇ ਵਿਚ ਆਇਆਂ ਘਾਟਾ ਹੀ ਘਾਟਾ ਹੈ, ਕਿਉਂਕਿ) ਜਿਸ ਪਰਮਾਤਮਾ ਦੀ ਦਿੱਤੀ ਹੋਈ ਇਹ ਜਿੰਦ-ਜਾਨ ਹੈ ਉਸ ਨਾਲੋਂ ਵਿਛੜੀ ਹੋਈ (ਕਿਸੇ ਹਾਲਤ ਵਿਚ ਭੀ) ਇਹ ਸੋਹਣੀ ਨਹੀਂ ਲੱਗ ਸਕਦੀ (ਸੌਖੀ ਨਹੀਂ ਰਹਿ ਸਕਦੀ) ॥੨੧੭॥
58705	1376	ਕਬੀਰ ਕੋਠੇ ਮੰਡਪ ਹੇਤੁ ਕਰਿ ਕਾਹੇ ਮਰਹੁ ਸਵਾਰਿ॥		Kabeer Kothae Manddap Haeth Kar Kaahae Marahu Savaar ||	Kabeer, why kill yourself for your love of decorations of your home and mansion?	(ਜਿੰਦ-ਦਾਤੇ ਪ੍ਰਭੂ ਨਾਲੋਂ ਵਿਛੁੜੀ ਜਿੰਦ ਸੌਖੀ ਨਹੀਂ ਰਹਿ ਸਕਦੀ, 'ਤਾ ਸਿਉ ਟੂਟੀ ਕਿਉ ਬਨੈ'; ਤਾਂ ਤੇ) ਹੇ ਕਬੀਰ! (ਉਸ ਜਿੰਦ ਦਾਤੇ ਨੂੰ ਭੁਲਾ ਕੇ) ਘਰ ਮਹਲ-ਮਾੜੀਆਂ ਬੜੇ ਸ਼ੌਕ ਨਾਲ ਸਜਾ ਸਜਾ ਕੇ ਕਿਉਂ ਆਤਮਕ ਮੌਤੇ ਮਰ ਰਹੇ ਹੋ?

58706	1376	ਕਾਰਜੁ ਸਾਢੇ ਤੀਨਿ ਹਥ ਘਨੀ ਤ ਪਉਨੇ ਚਾਰਿ॥੨੧੮॥		Kaaraj Saadtae Theen Hathh Ghanee Th Pounae Chaar ||218||	In the end, only six feet, or a little more, shall be your lot. ||218||	ਤੁਹਾਡੀ ਆਪਣੀ ਲੋੜ ਤਾਂ ਸਾਢੇ ਤਿੰਨ ਹੱਥ ਜ਼ਮੀਨ ਨਾਲ ਪੂਰੀ ਹੋ ਰਹੀ ਹੈ (ਕਿਉਂਕਿ ਹਰ ਰੋਜ਼ ਸੌਣ ਵੇਲੇ ਆਪਣੇ ਕੱਦ ਅਨੁਸਾਰ ਤੁਸੀਂ ਇਤਨੀ ਕੁ ਹੀ ਵਰਤਦੇ ਹੋ), ਪਰ ਜੇ (ਤੁਹਾਡਾ ਕੱਦ ਕੁਝ ਲੰਮਾ ਹੈ, ਜੇ) ਤੁਹਾਨੂੰ ਕੁਝ ਵਧੀਕ ਜ਼ਮੀਨ ਦੀ ਲੋੜ ਪੈਂਦੀ ਹੈ ਤਾਂ ਪੌਣੇ ਚਾਰ ਹੱਥ ਵਰਤ ਲੈਂਦੇ ਹੋਵੋਗੇ ॥੨੧੮॥
58707	1376	ਕਬੀਰ ਜੋ ਮੈ ਚਿਤਵਉ ਨਾ ਕਰੈ ਕਿਆ ਮੇਰੇ ਚਿਤਵੇ ਹੋਇ॥		Kabeer Jo Mai Chithavo Naa Karai Kiaa Maerae Chithavae Hoe ||	Kabeer, whatever I wish for does not happen. What can I accomplish by merely thinking?	ਹੇ ਕਬੀਰ! ("ਚੀਤੁ ਨਿਰੰਜਨ ਨਾਲਿ" ਰੱਖਣ ਦੇ ਥਾਂ ਤੂੰ ਸਾਰਾ ਦਿਨ ਮਾਇਆ ਦੀਆਂ ਹੀ ਸੋਚਾਂ ਸੋਚਦਾ ਰਹਿੰਦਾ ਹੈਂ, ਪਰ ਤੇਰੇ) ਮੇਰੇ ਸੋਚਾਂ ਸੋਚਣ ਨਾਲ ਕੁੱਝ ਨਹੀਂ ਬਣਦਾ; ਪਰਮਾਤਮਾ ਉਹ ਕੁਝ ਨਹੀਂ ਕਰਦਾ ਜੋ ਮੈਂ ਸੋਚਦਾ ਹਾਂ (ਭਾਵ, ਜੋ ਅਸੀਂ ਸੋਚਦੇ ਰਹਿੰਦੇ ਹਾਂ)।
58708	1376	ਅਪਨਾ ਚਿਤਵਿਆ ਹਰਿ ਕਰੈ ਜੋ ਮੇਰੇ ਚਿਤ ਨ ਹੋਇ॥੨੧੯॥		Apanaa Chithaviaa Har Karai Jo Maerae Chith N Hoe ||219||	The Lord does whatever He wishes; it is not up to me at all. ||219||	ਪ੍ਰਭੂ ਉਹ ਕੁਝ ਕਰਦਾ ਹੈ ਜੋ ਉਹ ਆਪ ਸੋਚਦਾ ਹੈ, ਤੇ ਜੋ ਕੁਝ ਉਹ ਪਰਮਾਤਮਾ ਸੋਚਦਾ ਹੈ ਉਹ ਅਸਾਡੇ ਚਿੱਤ-ਚੇਤੇ ਭੀ ਨਹੀਂ ਹੁੰਦਾ ॥੨੧੯॥
58709	1376	ਮਃ ੩॥		Ma 3 ||	Third Mehl:	

58710	1376	ਚਿੰਤਾ ਭਿ ਆਪਿ ਕਰਾਇਸੀ ਅਚਿੰਤੁ ਭਿ ਆਪੇ ਦੇਇ॥		Chinthaa Bh Aap Karaaeisee Achinth Bh Aapae Dhaee ||	God Himself makes the mortals anxious, and He Himself takes the anxiety away.	ਹੇ ਕਬੀਰ! (ਜੀਵਾਂ ਦੇ ਕੀਹ ਵੱਸ?) ਪ੍ਰਭੂ ਆਪ ਹੀ ਜੀਵਾਂ ਦੇ ਮਨ ਵਿਚ ਦੁਨੀਆ ਦੇ ਫ਼ਿਕਰ-ਸੋਚਾਂ ਪੈਦਾ ਕਰਦਾ ਹੈ, ਉਹ ਅਵਸਥਾ ਭੀ ਪ੍ਰਭੂ ਆਪ ਹੀ ਬਖ਼ਸ਼ਦਾ ਹੈ ਜਦੋਂ ਮਨੁੱਖ ਇਹਨਾਂ ਫ਼ਿਕਰ-ਸੋਚਾਂ ਤੋਂ ਰਹਿਤ ਹੋ ਜਾਂਦਾ ਹੈ।
58711	1376	ਨਾਨਕ ਸੋ ਸਾਲਾਹੀਐ ਜਿ ਸਭਨਾ ਸਾਰ ਕਰੇਇ॥੨੨੦॥	ਕਰੇ-ਇ	Naanak So Saalaaheeai J Sabhanaa Saar Karaee ||220||	O Nanak, praise the One, who takes care of all. ||220||	ਹੇ ਨਾਨਕ! ਜੋ ਪ੍ਰਭੂ ਸਭ ਜੀਵਾਂ ਦੀ ਸੰਭਾਲ ਕਰਦਾ ਹੈ ਉਸੇ ਦੇ ਗੁਣ ਗਾਣੇ ਚਾਹੀਦੇ ਹਨ (ਭਾਵ ਪ੍ਰਭੂ ਅੱਗੇ ਹੀ ਅਰਦਾਸ ਕਰ ਕੇ ਦੁਨੀਆ ਦੇ ਫ਼ਿਕਰ-ਸੋਚਾਂ ਤੋਂ ਬਚੇ ਰਹਿਣ ਦੀ ਦਾਤ ਮੰਗੀਏ) ॥੨੨੦॥
58712	1376	ਮਃ ੫॥		Ma 5 ||	Fifth Mehl:	
58713	1376	ਕਬੀਰ ਰਾਮੁ ਨ ਚੇਤਿਓ ਫਿਰਿਆ ਲਾਲਚ ਮਾਹਿ॥		Kabeer Raam N Chaethiou Firiaa Laalach Maahi ||	Kabeer, the mortal does not remember the Lord; he wanders around, engrossed in greed.	ਹੇ ਕਬੀਰ! ਜੋ ਮਨੁੱਖ ਪਰਮਾਤਮਾ ਦਾ ਸਿਮਰਨ ਨਹੀਂ ਕਰਦਾ (ਸਿਮਰਨ ਨਾਹ ਕਰਨ ਦਾ ਨਤੀਜਾ ਹੀ ਇਹ ਨਿਕਲਦਾ ਹੈ ਕਿ ਉਹ ਦੁਨੀਆ ਦੀਆਂ ਸੋਚਾਂ ਸੋਚਦਾ ਹੈ, ਤੇ ਦੁਨੀਆ ਦੇ) ਲਾਲਚ ਵਿਚ ਭਟਕਦਾ ਫਿਰਦਾ ਹੈ।

58714	1376	ਪਾਪ ਕਰੰਤਾ ਮਰਿ ਗਇਆ ਅਉਧ ਪੁੰਨੀ ਖਿਨ ਮਾਹਿ॥੨੨੧॥		Paap Karanthaa Mar Gaeiaa Aoudhh Punee Khin Maahi ||221||	Committing sins, he dies, and his life ends in an instant. ||221||	ਪਾਪ ਕਰਦਿਆਂ ਕਰਦਿਆਂ ਉਹ (ਭਾਗ-ਹੀਣ) ਆਤਮਕ ਮੌਤੇ ਮਰ ਜਾਂਦਾ ਹੈ (ਉਸ ਦੇ ਅੰਦਰੋਂ ਉੱਚਾ ਆਤਮਕ ਜੀਵਨ ਮੁੱਕ ਜਾਂਦਾ ਹੈ), ਅਤੇ ਉਹ ਵਿਕਾਰਾਂ ਵਿਚ ਰੱਜਦਾ ਭੀ ਨਹੀਂ ਕਿ ਅਚਨਚੇਤ ਉਮਰ ਮੁੱਕ ਜਾਂਦੀ ਹੈ ॥੨੨੧॥
58715	1376	ਕਬੀਰ ਕਾਇਆ ਕਾਚੀ ਕਾਰਵੀ ਕੇਵਲ ਕਾਚੀ ਧਾਤੁ॥	(ਕਾਰਵੀ) ਤੌੜੀ	Kabeer Kaaeiaa Kaachee Kaaravee Kaeval Kaachee Dhhaath ||	Kabeer, the body is like a clay vessel or a brittle metal pot.	ਹੇ ਕਬੀਰ! ਇਹ ਸਰੀਰ ਕੱਚਾ ਲੋਟਾ (ਸਮਝ ਲੈ), ਇਸ ਦਾ ਅਸਲਾ ਨਿਰੋਲ ਕੱਚੀ ਮਿੱਟੀ (ਮਿਥ ਲੈ)।
58716	1376	ਸਾਬਤੁ ਰਖਹਿ ਤ ਰਾਮ ਭਜੁ ਨਾਹਿ ਤ ਬਿਨਠੀ ਬਾਤ॥੨੨੨॥		Saabath Rakhehi Th Raam Bhaj Naahi Th Binathee Baath ||222||	If you wish to keep it safe and sound, then vibrate and meditate on the Lord; otherwise, the thing shall break. ||222||	ਜੇ ਤੂੰ ਇਸ ਨੂੰ (ਬਾਹਰਲੇ ਭੈੜੇ ਅਸਰਾਂ ਤੋਂ) ਪਵਿਤ੍ਰ ਰੱਖਣਾ ਲੋੜਦਾ ਹੈਂ ਤਾਂ ਪਰਮਾਤਮਾ ਦਾ ਨਾਮ ਸਿਮਰ, ਨਹੀਂ ਤਾਂ (ਮਨੁੱਖਾ ਜਨਮ ਦੀ ਇਹ) ਖੇਡ ਵਿਗੜੀ ਹੀ ਜਾਣ ਲੈ (ਭਾਵ, ਜ਼ਰੂਰ ਵਿਗੜ ਜਾਇਗੀ) ॥੨੨੨॥
58717	1376	ਕਬੀਰ ਕੇਸੋ ਕੇਸੋ ਕੂਕੀਐ ਨ ਸੋਈਐ ਅਸਾਰ॥		Kabeer Kaeso Kaeso Kookeeai N Soeeai Asaar ||	Kabeer, chant the Name of the Beautifully-haired Lord; do not sleep unaware.	ਹੇ ਕਬੀਰ! (ਜੇ ਇਸ ਸਰੀਰ ਨੂੰ ਵਿਕਾਰਾਂ ਵਲੋਂ 'ਸਾਬਤੁ ਰਖਹਿ ਤ') ਹਰ ਵੇਲੇ ਪਰਮਾਤਮਾ ਦਾ ਨਾਮ ਯਾਦ ਕਰਦੇ ਰਹੀਏ, ਕਿਸੇ ਵੇਲੇ ਭੀ ਵਿਕਾਰਾਂ ਵਲੋਂ ਬੇ-ਪਰਵਾਹ ਨਾਹ ਹੋਈਏ।

58718	1376	ਰਾਤਿ ਦਿਵਸ ਕੇ ਕੂਕਨੇ ਕਬਹੂ ਕੇ ਸੁਨੈ ਪੁਕਾਰ॥੨੨੩॥		Raath Dhivas Kae Kookanae Kabehoo Kae Sunai Pukaar ||223||	Chanting His Name night and day, the Lord will eventually hear your call. ||223||	ਜੇ ਦਿਨ ਰਾਤ (ਹਰ ਵੇਲੇ) ਪਰਮਾਤਮਾ ਨੂੰ ਸਿਮਰਦੇ ਰਹੀਏ ਤਾਂ ਕਿਸੇ ਨ ਕਿਸੇ ਵੇਲੇ ਉਹ ਪ੍ਰਭੂ ਜੀਵ ਦੀ ਅਰਦਾਸ ਸੁਣ ਹੀ ਲੈਂਦਾ ਹੈ (ਤੇ ਇਸ ਨੂੰ ਆਤਮਕ ਮੌਤੇ ਮਰਨੋਂ ਬਚਾ ਲੈਂਦਾ ਹੈ) ॥੨੨੩॥
58719	1376	ਕਬੀਰ ਕਾਇਆ ਕਜਲੀ ਬਨੁ ਭਇਆ ਮਨੁ ਕੁੰਚਰੁ ਮਯ ਮੰਤੁ॥	ਕਜਲੀ:ਪੋਲਾ ਬੋਲੋ। (ਕਜਲੀ) ਕੇਲਿਆਂ ਦਾ ਬਨ।ਮਯ: ਯ ਤਾਲੂ ਤੋਂ ਬੋਲੋ। ਸ਼ਰਾਬ (ਮੰਤੁ) ਮਸਤ	Kabeer Kaaeiaa Kajalee Ban Bhaeiaa Man Kunchar May Manth ||	Kabeer, the body is a banana forest, and the mind is an intoxicated elephant.	ਹੇ ਕਬੀਰ! (ਜੇ ਕੇਸੋ ਕੇਸੋ ਨਾਹ ਕੂਕੀਏ, ਜੇ ਪਰਮਾਤਮਾ ਦਾ ਸਿਮਰਨ ਨਾਹ ਕਰੀਏ ਤਾਂ ਅਨੇਕਾਂ ਵਿਕਾਰ ਪੈਦਾ ਹੋ ਜਾਣ ਕਰਕੇ) ਇਹ ਮਨੁੱਖਾ ਸਰੀਰ, ਮਾਨੋ, 'ਕਜਲੀ ਬਨੁ' ਬਣ ਜਾਂਦਾ ਹੈ ਜਿਸ ਵਿਚ ਮਨ-ਹਾਥੀ ਆਪਣੇ ਮਦ ਵਿਚ ਮੱਤਾ ਹੋਇਆ ਫਿਰਦਾ ਹੈ।
58720	1376	ਅੰਕਸੁ ਗ੍ਯਾਨੁ ਰਤਨੁ ਹੈ ਖੇਵਟੁ ਬਿਰਲਾ ਸੰਤੁ॥੨੨੪॥	ਗਿਆਨੁ	Ankas Gyaan Rathan Hai Khaevatt Biralaa Santh ||224||	The jewel of spiritual wisdom is the prod, and the rare Saint is the rider. ||224||	ਇਸ ਹਾਥੀ ਨੂੰ ਕਾਬੂ ਵਿਚ ਰੱਖਣ ਲਈ ਗੁਰੂ ਦਾ ਸ੍ਰੇਸ਼ਟ ਗਿਆਨ ਹੀ ਕੁੰਡਾ ਬਣ ਸਕਦਾ ਹੈ, ਕੋਈ ਭਾਗਾਂ ਵਾਲਾ ਗੁਰਮੁਖਿ (ਇਸ ਗਿਆਨ-ਕੁੰਡੇ ਨੂੰ ਵਰਤ ਕੇ ਮਨ-ਹਾਥੀ ਨੂੰ) ਚਲਾਣ-ਜੋਗਾ ਹੁੰਦਾ ਹੈ ॥੨੨੪॥

58721	1376	ਕਬੀਰ ਰਾਮ ਰਤਨੁ ਮੁਖੁ ਕੋਥਰੀ ਪਾਰਖ ਆਗੈ ਖੋਲਿ॥		Kabeer Raam Rathan Mukh Kothharee Paarakh Aagai Khol ||	Kabeer, the Lord's Name is the jewel, and the mouth is the purse; open this purse to the Appraiser.	ਹੇ ਕਬੀਰ! ਪਰਮਾਤਮਾ ਦਾ ਨਾਮ (ਦੁਨੀਆ ਵਿਚ) ਸਭ ਤੋਂ ਕੀਮਤੀ ਪਦਾਰਥ ਹੈ, (ਇਸ ਪਦਾਰਥ ਨੂੰ ਸਾਂਭ ਕੇ ਰੱਖਣ ਵਾਸਤੇ) ਆਪਣੇ ਮੂੰਹ ਨੂੰ ਗੁੱਥੀ ਬਣਾ ਤੇ ਇਸ ਰਤਨ ਦੀ ਕਦਰ-ਕੀਮਤ ਜਾਣਨ ਵਾਲੇ ਕਿਸੇ ਗੁਰਮੁਖਿ ਦੇ ਅੱਗੇ ਹੀ ਮੂੰਹ ਖੋਲ੍ਹਣਾ (ਭਾਵ, ਸਤਸੰਗ ਵਿਚ ਪ੍ਰਭੂ-ਨਾਮ ਦੀ ਸਿਫ਼ਤ-ਸਾਲਾਹ ਕਰ)।
58722	1376	ਕੋਈ ਆਇ ਮਿਲੈਗੋ ਗਾਹਕੀ ਲੇਗੋ ਮਹਗੇ ਮੋਲਿ॥੨੨੫॥		Koee Aae Milaigo Gaahakee Laego Mehagae Mol ||225||	If a buyer can be found, it will go for a high price. ||225||	ਜਦੋਂ ਨਾਮ-ਰਤਨ ਦੀ ਕਦਰ ਜਾਨਣ ਵਾਲਾ ਕੋਈ ਗਾਹਕ ਸਤਸੰਗ ਵਿਚ ਆ ਅੱਪੜਦਾ ਹੈ ਤਾਂ ਉਹ ਆਪਣਾ ਮਨ ਗੁਰੂ ਦੇ ਹਵਾਲੇ ਕਰ ਕੇ ਨਾਮ ਰਤਨ ਨੂੰ ਖ਼ਰੀਦਦਾ ਹੈ ॥੨੨੫॥
58723	1376	ਕਬੀਰ ਰਾਮ ਨਾਮੁ ਜਾਨਿਓ ਨਹੀ ਪਾਲਿਓ ਕਟਕੁ ਕੁਟੰਬੁ॥		Kabeer Raam Naam Jaaniou Nehee Paaliou Kattak Kuttanb ||	Kabeer, the mortal does not know the Lord's Name, but he has raised a very large family.	(ਪਰ), ਹੇ ਕਬੀਰ! ਜਿਸ ਮਨੁੱਖ ਨੂੰ ਪਰਮਾਤਮਾ ਦੇ ਨਾਮ-ਰਤਨ ਦੀ ਕਦਰ-ਕੀਮਤ ਨਹੀਂ ਪੈਂਦੀ, ਉਹ (ਨਾਮ-ਰਤਨ ਨੂੰ ਵਿਸਾਰ ਕੇ ਸਾਰੀ ਉਮਰ) ਬਹੁਤਾ ਟੱਬਰ ਹੀ ਪਾਲਦਾ ਰਹਿੰਦਾ ਹੈ;

58724	1376	ਧੰਧੇ ਹੀ ਮਹਿ ਮਰਿ ਗਇਓ ਬਾਹਰਿ ਭਈ ਨ ਬੰਬ॥੨੨੬॥		Dhhandhhae Hee Mehi Mar Gaeiou Baahar Bhee N Banb ||226||	He dies in the midst of his worldly affairs, and then he is not heard in the external world. ||226||	ਦੁਨੀਆ ਦੇ ਧੰਧਿਆਂ ਵਿਚ ਹੀ ਖਪ ਖਪ ਕੇ ਉਹ ਮਨੁੱਖ ਆਤਮਕ ਮੌਤੇ ਮਰ ਜਾਂਦਾ ਹੈ, ਇਹਨਾਂ ਖਪਾਇਆਂ ਵਿਚੋਂ ਨਿਕਲ ਕੇ ਕਦੇ ਉਸ ਦੇ ਮੂੰਹੋਂ ਰਾਮ-ਨਾਮ ਦੀ ਆਵਾਜ਼ ਨਹੀਂ ਨਿਕਲਦੀ (ਨਾਹ ਹੀ ਇਹਨਾਂ ਖਪਾਇਆਂ ਵਿਚੋਂ ਕਦੇ ਉਸ ਨੂੰ ਵੇਹਲ ਮਿਲਦੀ ਹੈ, ਤੇ ਨਾਹ ਉਹ ਕਦੇ ਪਰਮਾਤਮਾ ਦਾ ਨਾਮ ਮੂੰਹੋਂ ਉਚਾਰਦਾ ਹੈ) ॥੨੨੬॥
58725	1376	ਕਬੀਰ ਆਖੀ ਕੇਰੇ ਮਾਟੁਕੇ ਪਲੁ ਪਲੁ ਗਈ ਬਿਹਾਇ॥	ਆਖੀਂ	Kabeer Aakhee Kaerae Maattukae Pal Pal Gee Bihaae ||	Kabeer, in the blink of an eye, moment by moment, life is passing by.	ਹੇ ਕਬੀਰ! (ਉਸ ਬਦ-ਨਸੀਬ ਦਾ ਹਾਲ ਵੇਖ ਜੋ ਪ੍ਰਭੂ-ਨਾਮ ਦੀ ਕਦਰ-ਕੀਮਤ ਨਾਹ ਜਾਣਦਾ ਹੋਇਆ ਸਾਰੀ ਉਮਰ ਕੁਟੰਬ ਪਾਲਣ ਵਿਚ ਹੀ ਗੁਜ਼ਾਰਦਾ ਹੈ ਤੇ ਕਦੇ ਭੀ ਪ੍ਰਭੂ-ਨਾਮ ਮੂੰਹੋਂ ਨਹੀਂ ਉਚਾਰਦਾ! ਥੋੜੀ ਥੋੜੀ ਕਰ ਕੇ ਬੇ-ਮਲੂਮੇ ਜਿਹੇ) ਉਸ ਦੀ ਉਮਰ ਅੱਖਾਂ ਦੇ ਝਮਕਣ ਜਿਤਨਾ ਸਮਾਂ ਤੇ ਪਲ ਪਲ ਕਰ ਕੇ ਬੀਤ ਜਾਂਦੀ ਹੈ;

58726	1376	ਮਨੁ ਜੰਜਾਲੁ ਨ ਛੋਡਈ ਜਮ ਦੀਆ ਦਮਾਮਾ ਆਇ॥੨੨੭॥		Man Janjaal N Shhoddee Jam Dheeaa Dhamaamaa Aae ||227||	The mortal does not give up his worldly entanglements; the Messenger of Death walks in and beats the drum. ||227||	ਫਿਰ ਭੀ ਉਸ ਦਾ ਮਨ (ਕੁਟੰਬ ਦਾ) ਜੰਜਾਲ ਨਹੀਂ ਛੱਡਦਾ, ਆਖ਼ਰ ਜਮ ਮੌਤ ਦਾ ਨਗਾਰਾ ਆ ਵਜਾਂਦੇ ਹਨ ॥੨੨੭॥
58727	1376	ਕਬੀਰ ਤਰਵਰ ਰੂਪੀ ਰਾਮੁ ਹੈ ਫਲ ਰੂਪੀ ਬੈਰਾਗੁ॥		Kabeer Tharavar Roopee Raam Hai Fal Roopee Bairaag ||	Kabeer, the Lord is the tree, and disillusionment with the world is the fruit.	ਹੇ ਕਬੀਰ! (ਵਿਕਾਰਾਂ ਦੀ ਤਪਸ਼ ਨਾਲ ਤਪ ਰਹੇ ਇਸ ਸੰਸਾਰ ਵਿਚ) ਪ੍ਰਭੂ ਦਾ ਨਾਮ ਇਕ ਸੋਹਣਾ ਰੁੱਖ ਹੈ।
58728	1376	ਛਾਇਆ ਰੂਪੀ ਸਾਧੁ ਹੈ ਜਿਨਿ ਤਜਿਆ ਬਾਦੁ ਬਿਬਾਦੁ॥੨੨੮॥		Shhaaeiaa Roopee Saadhh Hai Jin Thajiaa Baadh Bibaadh ||228||	The Holy man, who has abandoned useless arguments, is the shade of the tree. ||228||	ਜਿਸ ਮਨੁੱਖ ਨੇ (ਆਪਣੇ ਅੰਦਰੋਂ ਇਹਨਾਂ ਵਿਕਾਰਾਂ ਦਾ) ਝਗੜਾ-ਝਾਂਜਾ ਮੁਕਾ ਦਿੱਤਾ ਹੈ ਉਹ ਗੁਰਮੁਖਿ ਇਸ ਰੁੱਖ ਦੀ, ਮਾਨੋ, ਛਾਂ ਹੈ। (ਜੋ ਭਾਗਾਂ ਵਾਲਾ ਬੰਦਾ ਉਸ ਤਪਸ਼ ਤੋਂ ਬਚਣ ਲਈ ਇਸ ਛਾਂ ਦਾ ਆਸਰਾ ਲੈਂਦਾ ਹੈ ਉਸ ਨੂੰ) ਵੈਰਾਗ-ਰੂਪ ਫਲ (ਹਾਸਲ ਹੁੰਦਾ) ਹੈ ॥੨੨੮॥
58729	1376	ਕਬੀਰ ਐਸਾ ਬੀਜੁ ਬੋਇ ਬਾਰਹ ਮਾਸ ਫਲੰਤ॥		Kabeer Aisaa Beej Boe Baareh Maas Falanth ||	Kabeer, plant the seeds of such a plant, which shall bear fruit throughout the twelve months,	ਹੇ ਕਬੀਰ! ("ਜਿਨਿ ਤਜਿਆ ਬਾਦੁ ਬਿਬਾਦੁ" ਉਸ 'ਸਾਧ' ਦੀ ਸੰਗਤ ਵਿਚ ਰਹਿ ਕੇ ਤੂੰ ਵੀ ਆਪਣੇ ਹਿਰਦੇ ਦੀ ਧਰਤੀ ਵਿਚ ਪਰਮਾਤਮਾ ਦੇ ਨਾਮ ਦਾ) ਇਕ ਅਜੇਹਾ ਬੀ ਬੀਜ ਜੋ ਸਦਾ ਹੀ ਫਲ ਦੇਂਦਾ ਰਹਿੰਦਾ ਹੈ;

58730	1376	ਸੀਤਲ ਛਾਇਆ ਗਹਿਰ ਫਲ ਪੰਖੀ ਕੇਲ ਕਰੰਤ॥੨੨੯॥		Seethal Shhaaeiaa Gehir Fal Pankhee Kael Karanth ||229||	With cooling shade and abundant fruit, upon which birds joyously play. ||229||	ਉਸ ਦਾ ਆਸਰਾ ਲਈਏ ਤਾਂ ਅੰਦਰ ਠੰਢ ਪੈਂਦੀ ਹੈ, ਫਲ ਮਿਲਦਾ ਹੈ ਕਿ ਦੁਨੀਆ ਦੇ "ਬਾਦ ਬਿਬਾਦ" ਵਲੋਂ ਮਨ ਟਿਕ ਜਾਂਦਾ ਹੈ, ਤੇ ਸਾਰੇ ਗਿਆਨ-ਇੰਦ੍ਰੇ (ਜੋ ਪਹਿਲਾਂ ਪੰਛੀਆਂ ਵਾਂਗ ਥਾਂ ਥਾਂ ਤੇ ਚੋਗ ਲਈ ਭਟਕਦੇ ਸਨ, ਹੁਣ ਪ੍ਰਭੂ ਦੇ ਨਾਮ ਦਾ) ਆਨੰਦ ਲੈਂਦੇ ਹਨ ॥੨੨੯॥
58731	1376	ਕਬੀਰ ਦਾਤਾ ਤਰਵਰੁ ਦਯਾ ਫਲੁ ਉਪਕਾਰੀ ਜੀਵੰਤ॥	ਦ-ਯਾ: ਦ ਮੁਕਤਾ,ਯਾ ਤਾਲੂ ਤੋਂ ਬੋਲੋ	Kabeer Dhaathaa Tharavar Dhayaa Fal Oupakaaree Jeevanth ||	Kabeer, the Great Giver is the tree, which blesses all with the fruit of compassion.	ਹੇ ਕਬੀਰ! ("ਜਿਨਿ ਤਜਿਆ ਬਾਦੁ ਬਿਬਾਦੁ") ਉਹ 'ਸਾਧੂ' ਆਪਣੀ ਸਾਰੀ ਉਮਰ ਉਪਕਾਰ ਵਿਚ ਹੀ ਗੁਜ਼ਾਰਦਾ ਹੈ; ਪ੍ਰਭੂ ਦੇ ਨਾਮ ਦੀ ਦਾਤ ਦੇਣ ਵਾਲਾ ਉਹ 'ਸਾਧੂ' ਵਿਕਾਰਾਂ ਵਿਚ ਤਪਦੇ ਸਾਰੇ ਇਸ ਸੰਸਾਰ ਲਈ), ਮਾਨੋ, ਇਕ ਸੋਹਣਾ ਰੁੱਖ ਹੈ, ਉਸ ਪਾਸੋਂ 'ਜੀਅ-ਦਇਆ' ਦੀ ਦਾਤ ਪ੍ਰਾਪਤ ਹੁੰਦੀ ਹੈ।
58732	1376	ਪੰਖੀ ਚਲੇ ਦਿਸਾਵਰੀ ਬਿਰਖਾ ਸੁਫਲ ਫਲੰਤ॥੨੩੦॥	ਚੱਲੇ	Pankhee Chalae Dhisaavaree Birakhaa Sufal Falanth ||230||	When the birds migrate to other lands, O Tree, you bear the fruits. ||230||	ਸੰਸਾਰੀ ਜੀਵ ਤਾਂ ਹੋਰ ਹੋਰ ਧੰਧਿਆਂ ਵਿਚ ਰੁੱਝੇ ਰਹਿੰਦੇ ਹਨ, ਪਰ ਗੁਰਮੁਖ 'ਸਾਧ' ਸਦਾ ਇਹੀ ਸਿੱਖਿਆ ਦੇਂਦਾ ਰਹਿੰਦਾ ਹੈ ਕਿ ਸਭ ਨਾਲ ਦਇਆ-ਪਿਆਰ ਵਰਤੋ ॥੨੩੦॥

58733	1376	ਕਬੀਰ ਸਾਧੂ ਸੰਗੁ ਪਰਾਪਤੀ ਲਿਖਿਆ ਹੋਇ ਲਿਲਾਟ॥		Kabeer Saadhhoo Sang Paraapathee Likhiaa Hoe Lilaatt ||	Kabeer, the mortal finds the Saadh Sangat, the Company of the Holy, if he has such destiny written upon his forehead.	ਹੇ ਕਬੀਰ! "ਜਿਨਿ ਤਜਿਆ ਬਾਦੁ ਬਿਬਾਦੁ" ਉਸ ਸਾਧੂ-ਗੁਰਮੁਖਿ ਦੀ ਸੰਗਤ ਉਸ ਮਨੁੱਖ ਨੂੰ ਪ੍ਰਾਪਤ ਹੁੰਦੀ ਹੈ ਜਿਸ ਦੇ ਬੜੇ ਚੰਗੇ ਭਾਗ ਹੋਣ।
58734	1377	ਮੁਕਤਿ ਪਦਾਰਥੁ ਪਾਈਐ ਠਾਕ ਨ ਅਵਘਟ ਘਾਟ॥੨੩੧॥		Mukath Padhaarathh Paaeeai Thaak N Avaghatt Ghaatt ||231||	He obtains the treasure of liberation, and the difficult road to the Lord is not blocked. ||231||	ਉਸ ਦੀ ਸੰਗਤ ਤੋਂ ਫਲ ਇਹ ਮਿਲਦਾ ਹੈ ਕਿ ਦੁਨੀਆ ਦੇ "ਬਾਦ ਬਿਬਾਦ" ਤੋਂ ਖ਼ਲਾਸੀ ਹੋ ਜਾਂਦੀ ਹੈ, ਕੋਈ ਭੀ ਵਿਕਾਰ ਇਸ ਔਖੇ ਸਫ਼ਰ ਦੇ ਰਾਹ ਵਿਚ ਰੋਕ ਨਹੀਂ ਪਾਂਦਾ ॥੨੩੧॥
58735	1377	ਕਬੀਰ ਏਕ ਘੜੀ ਆਧੀ ਘਰੀ ਆਧੀ ਹੂੰ ਤੇ ਆਧ॥		Kabeer Eaek Gharree Aadhhee Gharee Aadhhee Hoon Thae Aadhh ||	Kabeer, whether is is for an hour, half an hour, or half of that,	ਹੇ ਕਬੀਰ! (ਚੂੰਕਿ ਦੁਨੀਆ ਦੇ "ਬਾਦ ਬਿਬਾਦ" ਤੋਂ ਖ਼ਲਾਸੀ ਸਾਧੂ ਦੀ ਸੰਗਤ ਕੀਤਿਆਂ ਹੀ ਮਿਲਦੀ ਹੈ, ਇਸ ਵਾਸਤੇ) ਇੱਕ ਘੜੀ, ਅੱਧੀ ਘੜੀ, ਘੜੀ ਦਾ ਚੌਥਾ ਹਿੱਸਾ-
58736	1377	ਭਗਤਨ ਸੇਤੀ ਗੋਸਟੇ ਜੋ ਕੀਨੇ ਸੋ ਲਾਭ॥੨੩੨॥		Bhagathan Saethee Gosattae Jo Keenae So Laabh ||232||	Whatever it is, it is worthwhile to speak with the Holy. ||232||	ਜਿਤਨਾ ਚਿਰ ਭੀ ਗੁਰਮੁਖਾਂ ਦੀ ਸੰਗਤ ਕੀਤੀ ਜਾਏ, ਇਸ ਤੋਂ (ਆਤਮਕ ਜੀਵਨ ਵਿਚ) ਨਫ਼ਾ ਹੀ ਨਫ਼ਾ ਹੈ ॥੨੩੨॥

58737	1377	ਕਬੀਰ ਭਾਂਗ ਮਾਛੁਲੀ ਸੁਰਾ ਪਾਨਿ ਜੋ ਜੋ ਪ੍ਰਾਨੀ ਖਾਂਹਿ॥	(ਭਾਂਗ) ਤਮਾਕੂ ਪੱਤੇ ਨੂੰ ਭੰਗ ਆਖਦੇ ਹਨ। (ਮਾਛੁਲੀ) ਮੱਛੀ ਦਾ ਮਾਸ। (ਸੁਰਾ) ਸ਼ਰਾਬ। ਪਾਨ ਤੰਮਾਕੂ ਸਹਿਤ (ਖਾਹਿ) ਚੱਬਣੇ	Kabeer Bhaang Maashhulee Suraa Paan Jo Jo Praanee Khaanhi ||	Kabeer, those mortals who consume marijuana, fish and wine	ਹੇ ਕਬੀਰ! ਜੇ ਲੋਕ 'ਭਗਤਨ ਸੇਤੀ ਗੋਸਟੇ' ਕਰ ਕੇ ਤੀਰਥ-ਜਾਤ੍ਰਾ ਵਰਤ-ਨੇਮ ਆਦਿਕ ਭੀ ਕਰਦੇ ਹਨ ਤੇ ਉਹ ਸ਼ਰਾਬੀ ਲੋਕ ਭੰਗ ਮੱਛੀ ਭੀ ਖਾਂਦੇ ਹਨ (ਭਾਵ, ਸਤਸੰਗ ਵਿਚ ਭੀ ਜਾਂਦੇ ਹਨ ਤੇ ਸ਼ਰਾਬ-ਕਬਾਬ ਭੀ ਖਾਂਦੇ ਪੀਂਦੇ ਹਨ, ਵਿਕਾਰ ਭੀ ਕਰਦੇ ਹਨ)
58738	1377	ਤੀਰਥ ਬਰਤ ਨੇਮ ਕੀਏ ਤੇ ਸਭੈ ਰਸਾਤਲ ਜਾਂਹਿ॥੨੩੩॥		Theerathh Barath Naem Keeeae Thae Sabhai Rasaathal Jaanhi ||233||	- no matter what pilgrimages, fasts and rituals they follow, they will all go to hell. ||233||	ਉਹਨਾਂ ਦੇ ਉਹ ਤੀਰਥ ਵਰਤ ਆਦਿਕ ਵਾਲੇ ਸਾਰੇ ਕਰਮ ਬਿਲਕੁਲ ਵਿਅਰਥ ਜਾਂਦੇ ਹਨ ॥੨੩੩॥
58739	1377	ਨੀਚੇ ਲੋਇਨ ਕਰਿ ਰਹਉ ਲੇ ਸਾਜਨ ਘਟ ਮਾਹਿ॥		Neechae Loein Kar Reho Lae Saajan Ghatt Maahi ||	Kabeer, I keep my eyes lowered, and enshrine my Friend within my heart.	(ਹੇ ਮੇਰੀ ਸਤ-ਸੰਗਣ ਸਹੇਲੀਏ! ਜਦੋਂ ਦੀ ਮੈਨੂੰ 'ਸਾਧੂ ਸੰਗੁ ਪਰਾਪਤੀ' ਹੋਈ ਹੈ, ਮੈਂ 'ਭਗਤਨ ਸੇਤੀ ਗੋਸਟੇ' ਹੀ ਕਰਦੀ ਹਾਂ, ਇਸ 'ਸਾਧੂ ਸੰਗ' ਦੀ ਬਰਕਤਿ ਨਾਲ) ਪਿਆਰੇ ਪ੍ਰਭੂ-ਪਤੀ ਨੂੰ ਆਪਣੇ ਹਿਰਦੇ ਵਿਚ ਸਾਂਭ ਕੇ (ਇਹਨਾਂ 'ਭਾਂਗ ਮਾਛੁਲੀ ਸੁਰਾ' ਆਦਿਕ ਵਿਕਾਰਾਂ ਵਲੋਂ) ਮੈਂ ਆਪਣੀਆਂ ਅੱਖਾਂ ਨੀਵੀਆਂ ਕਰੀ ਰੱਖਦੀ ਹਾਂ,

58740	1377	ਸਭ ਰਸ ਖੇਲਉ ਪੀਅ ਸਉ ਕਿਸੀ ਲਖਾਵਉ ਨਾਹਿ॥੨੩੪॥		Sabh Ras Khaelo Peea So Kisee Lakhaavo Naahi ||234||	I enjoy all pleasures with my Beloved, but I do not let anyone else know. ||234||	(ਦੁਨੀਆ ਦੇ ਇਹਨਾਂ ਰਸਾਂ ਨਾਲ ਖੇਡਾਂ ਖੇਡਣ ਦੇ ਥਾਂ) ਮੈਂ ਪ੍ਰਭੂ-ਪਤੀ ਨਾਲ ਸਾਰੇ ਰੰਗ ਮਾਣਦੀ ਹਾਂ; ਪਰ ਮੈਂ (ਇਹ ਭੇਤ) ਕਿਸੇ ਨੂੰ ਨਹੀਂ ਦੱਸਦੀ ॥੨੩੪॥
58741	1377	ਆਠ ਜਾਮ ਚਉਸਠਿ ਘਰੀ ਤੁਅ ਨਿਰਖਤ ਰਹੈ ਜੀਉ॥		Aath Jaam Chousath Gharee Thua Nirakhath Rehai Jeeo ||	Twenty-four hours a day, every hour, my soul continues to look to You, O Lord.	(ਹੇ ਸਖੀ! ਮੈਂ ਸਿਰਫ਼ ਪ੍ਰਭੂ-ਪਤੀ ਨੂੰ ਹੀ ਆਖਦੀ ਹਾਂ ਕਿ ਹੇ ਪਤੀ!) ਅੱਠੇ ਪਹਿਰ ਹਰ ਘੜੀ ਮੇਰੀ ਜਿੰਦ ਤੈਨੂੰ ਹੀ ਤੱਕਦੀ ਰਹਿੰਦੀ ਹੈ।
58742	1377	ਨੀਚੇ ਲੋਇਨ ਕਿਉ ਕਰਉ ਸਭ ਘਟ ਦੇਖਉ ਪੀਉ॥੨੩੫॥		Neechae Loein Kio Karo Sabh Ghatt Dhaekho Peeo ||235||	Why should I keep my eyes lowered? I see my Beloved in every heart. ||235||	(ਹੇ ਸਖੀ!) ਮੈਂ ਸਭ ਸਰੀਰਾਂ ਵਿਚ ਪ੍ਰਭੂ-ਪਤੀ ਨੂੰ ਹੀ ਵੇਖਦੀ ਹਾਂ, ਇਸ ਵਾਸਤੇ ਮੈਨੂੰ ਕਿਸੇ ਪ੍ਰਾਣੀ-ਮਾਤ੍ਰ ਤੋਂ ਨਫ਼ਰਤ ਨਹੀਂ ਹੈ ॥੨੩੫॥
58743	1377	ਸੁਨੁ ਸਖੀ ਪੀਅ ਮਹਿ ਜੀਉ ਬਸੈ ਜੀਅ ਮਹਿ ਬਸੈ ਕਿ ਪੀਉ॥		Sun Sakhee Peea Mehi Jeeo Basai Jeea Mehi Basai K Peeo ||	Listen, O my companions: my soul dwells in my Beloved, and my Beloved dwells in my soul.	ਹੇ ਸਹੇਲੀਏ! ('ਸਾਧੂ ਸੰਗ' ਦੀ ਬਰਕਤਿ ਨਾਲ ਮੇਰੇ ਅੰਦਰ ਇਕ ਅਚਰਜ ਖੇਡ ਬਣ ਗਈ ਹੈ, ਮੈਨੂੰ ਹੁਣ ਇਹ ਪਤਾ ਨਹੀਂ ਲੱਗਦਾ ਕਿ) ਮੇਰੀ ਜਿੰਦ ਪ੍ਰਭੂ-ਪਤੀ ਵਿਚ ਵੱਸ ਰਹੀ ਹੈ ਜਾਂ ਜਿੰਦ ਵਿਚ ਪਿਆਰਾ ਆ ਵੱਸਿਆ ਹੈ।

58744	1377	ਜੀਉ ਪੀਉ ਬੂਝਉ ਨਹੀ ਘਟ ਮਹਿ ਜੀਉ ਕਿ ਪੀਉ॥੨੩੬॥		Jeeo Peeo Boojho Nehee Ghatt Mehi Jeeo K Peeo ||236||	I realize that there is no difference between my soul and my Beloved; I cannot tell whether my soul or my Beloved dwells in my heart. ||236||	ਹੇ ਸਹੇਲੀਏ! ਤੂੰ ਹੁਣ ਇਹ ਸਮਝ ਹੀ ਨਹੀਂ ਸਕਦੀ ਕਿ ਮੇਰੇ ਅੰਦਰ ਮੇਰੀ ਜਿੰਦ ਹੈ ਜਾਂ ਮੇਰਾ ਪਿਆਰਾ ਪ੍ਰਭੂ-ਪਤੀ ॥੨੩੬॥
58745	1377	ਕਬੀਰ ਬਾਮਨੁ ਗੁਰੂ ਹੈ ਜਗਤ ਕਾ ਭਗਤਨ ਕਾ ਗੁਰੁ ਨਾਹਿ॥		Kabeer Baaman Guroo Hai Jagath Kaa Bhagathan Kaa Gur Naahi ||	Kabeer, the Brahmin may be the guru of the world, but he is not the Guru of the devotees.	ਪਰ, ਹੇ ਕਬੀਰ! (ਆਖ-ਮੈਨੂੰ ਜੋ ਇਹ ਜੀਵਨ- ਦਾਤ ਮਿਲੀ ਹੈ, ਜੀਵਨ-ਦਾਤੇ ਸਤਿਗੁਰੂ ਤੋਂ ਮਿਲੀ ਹੈ ਜੋ ਆਪ ਭੀ ਨਾਮ ਦਾ ਰਸੀਆ ਹੈ; ਜਨੇਊ ਆਦਿਕ ਦੇ ਕੇ ਤੇ ਕਰਮ-ਕਾਂਡ ਦਾ ਰਾਹ ਦੱਸ ਕੇ) ਬ੍ਰਾਹਮਣ ਸਿਰਫ਼ ਦੁਨੀਆਦਾਰਾਂ ਦਾ ਹੀ ਗੁਰੂ ਅਖਵਾ ਸਕਦਾ ਹੈ, ਭਗਤੀ ਕਰਨ ਵਾਲਿਆਂ ਦਾ ਉਪਦੇਸ਼-ਦਾਤਾ ਬ੍ਰਾਹਮਣ ਨਹੀਂ ਬਣ ਸਕਦਾ,

58746	1377	ਅਰਝਿ ਉਰਝਿ ਕੈ ਪਚਿ ਮੂਆ ਚਾਰਉ ਬੇਦਹੁ ਮਾਹਿ॥੨੩੭॥		Arajh Ourajh Kai Pach Mooaa Chaaro Baedhahu Maahi ||237||	He rots and dies in the perplexities of the four Vedas. ||237||	ਕਿਉਂਕਿ ਇਹ ਤਾਂ ਆਪ ਹੀ ਚਹੁੰਆਂ ਵੇਦਾਂ ਦੇ ਜੱਗ ਆਦਿਕ ਕਰਮ-ਕਾਂਡ ਦੀਆਂ ਉਲਝਣਾਂ ਨੂੰ ਸੋਚ ਸੋਚ ਕੇ ਇਹਨਾਂ ਵਿਚ ਹੀ ਖਪ ਖਪ ਕੇ ਆਤਮਕ ਮੌਤ ਮਰ ਚੁੱਕਾ ਹੈ (ਇਸ ਦੀ ਆਪਣੀ ਹੀ ਜਿੰਦ ਪ੍ਰਭੂ-ਮਿਲਾਪ ਦਾ ਆਨੰਦ ਨਹੀਂ ਮਾਣ ਸਕੀ, ਇਹ ਭਗਤਾਂ ਨੂੰ ਉਹ ਸੁਆਦ ਕਿਵੇਂ ਦੇ ਦਿਵਾ ਸਕਦਾ ਹੈ?) ॥੨੩੭॥
58747	1377	ਹਰਿ ਹੈ ਖਾਂਡੁ ਰੇਤੁ ਮਹਿ ਬਿਖਰੀ ਹਾਥੀ ਚੁਨੀ ਨ ਜਾਇ॥	ਹੱਥੀ	Har Hai Khaandd Raeth Mehi Bikharee Haathhee Chunee N Jaae ||	The Lord is like sugar, scattered in the sand; the elephant cannot pick it up.	ਪਰਮਾਤਮਾ ਦਾ ਨਾਮ, ਮਾਨੋ, ਖੰਡ ਹੈ ਜੋ ਰੇਤ ਵਿਚ ਖਿੱਲਰੀ ਹੋਈ ਹੈ, ਹਾਥੀ ਪਾਸੋਂ ਇਹ ਖੰਡ ਰੇਤ ਵਿਚੋਂ ਚੁਣੀ ਨਹੀਂ ਜਾ ਸਕਦੀ।
58748	1377	ਕਹਿ ਕਬੀਰ ਗੁਰਿ ਭਲੀ ਬੁਝਾਈ ਕੀਟੀ ਹੋਇ ਕੈ ਖਾਇ॥੨੩੮॥	ਬੁੱਝਾਈ	Kehi Kabeer Gur Bhalee Bujhaaee Keettee Hoe Kai Khaae ||238||	Says Kabeer, the Guru has given me this sublime understanding: become an ant, and feed on it. ||238||	ਕਬੀਰ ਆਖਦਾ ਹੈ ਕਿ ਪੂਰੇ ਸਤਿਗੁਰੂ ਨੇ ਹੀ ਇਹ ਭਲੀ ਮੱਤ ਦਿੱਤੀ ਹੈ ਕਿ ਮਨੁੱਖ ਕੀੜੀ ਬਣ ਕੇ ਇਹ ਖੰਡ ਖਾ ਸਕਦਾ ਹੈ ॥੨੩੮॥

58749	1377	ਕਬੀਰ ਜਉ ਤੁਹਿ ਸਾਧ ਪਿਰੰਮ ਕੀ ਸੀਸੁ ਕਾਟਿ ਕਰਿ ਗੋਇ ॥		Kabeer Jo Thuhi Saadhh Piranm Kee Sees Kaatt Kar Goe ||	Kabeer, if you desire to play the game of love with the Lord, then cut off your head, and make it into a ball.	ਹੇ ਕਬੀਰ! ਜੇ ਤੈਨੂੰ ਪ੍ਰਭੂ-ਪਿਆਰ ਦੀ ਖੇਡ ਖੇਡਣ ਦੀ ਤਾਂਘ ਹੈ, ਤਾਂ ਆਪਣਾ ਸਿਰ ਕੱਟ ਕੇ ਗੇਂਦ ਬਣਾ ਲੈ (ਇਸ ਤਰ੍ਹਾਂ ਅਹੰਕਾਰ ਦੂਰ ਕਰ ਕਿ ਲੋਕ ਬੇ-ਸ਼ੱਕ ਠੇਡੇ ਪਏ ਮਾਰਨ 'ਕਬੀਰ ਰੋੜਾ ਹੋਇ ਰਹੁ ਬਾਟ ਕਾ, ਤਜਿ ਮਨ ਕਾ, ਅਭਿਮਾਨੁ')
58750	1377	ਖੇਲਤ ਖੇਲਤ ਹਾਲ ਕਰਿ ਜੋ ਕਿਛੁ ਹੋਇ ਤ ਹੋਇ॥੨੩੯॥		Khaelath Khaelath Haal Kar Jo Kishh Hoe Th Hoe ||239||	Lose yourself in the play of it, and then whatever will be, will be. ||239||	ਇਹ ਖੇਡ ਖੇਡਦਾ ਖੇਡਦਾ ਇਤਨਾ ਮਸਤ ਹੋ ਜਾ ਕਿ (ਦੁਨੀਆ ਵਲੋਂ) ਜੋ (ਸਲੂਕ ਤੇਰੇ ਨਾਲ) ਹੋਵੇ ਉਹ ਪਿਆ ਹੋਵੇ ॥੨੩੯॥
58751	1377	ਕਬੀਰ ਜਉ ਤੁਹਿ ਸਾਧ ਪਿਰੰਮ ਕੀ ਪਾਕੇ ਸੇਤੀ ਖੇਲੁ॥		Kabeer Jo Thuhi Saadhh Piranm Kee Paakae Saethee Khael ||	Kabeer, if you desire to play the game of love with the Lord, play it with someone with committment.	ਪਰ, ਹੇ ਕਬੀਰ! ਜੇ ਤੈਨੂੰ ਪ੍ਰਭੂ-ਪਿਆਰ ਦੀ ਇਹ ਖੇਡ ਖੇਡਣ ਦੀ ਸਿੱਕ ਹੈ ਤਾਂ ਪੂਰੇ ਸਤਿਗੁਰੂ ਦੀ ਸਰਨ ਪੈ ਕੇ ਖੇਡ; (ਕਰਮ-ਕਾਂਡੀ ਬ੍ਰਾਹਮਣ ਪਾਸ ਇਹ ਚੀਜ਼ ਨਹੀਂ ਹੈ)।
58752	1377	ਕਾਚੀ ਸਰਸਉਂ ਪੇਲਿ ਕੈ ਨਾ ਖਲਿ ਭਈ ਨ ਤੇਲੁ॥੨੪੦॥		Kaachee Sarasoun Pael Kai Naa Khal Bhee N Thael ||240||	Pressing the unripe mustard seeds produces neither oil nor flour. ||240||	ਕੱਚੀ ਸਰਹੋਂ ਪੀੜਿਆਂ ਨਾਹ ਤੇਲ ਨਿਕਲਦਾ ਹੈ ਤੇ ਨਾਹ ਹੀ ਖਲ ਬਣਦੀ ਹੈ (ਇਹੀ ਹਾਲ ਜਨੇਊ ਆਦਿਕ ਦੇ ਕੇ ਬਣੇ ਕੱਚੇ ਗੁਰੂਆਂ ਦਾ ਹੈ) ॥੨੪੦॥

58753	1377	ਢੂੰਢਤ ਡੋਲਹਿ ਅੰਧ ਗਤਿ ਅਰੁ ਚੀਨਤ ਨਾਹੀ ਸੰਤ॥	ਸੰਤ ਸੰਗਤਿ ਦੁਆਰਾ, ਪ੍ਰਮੇਸ਼ਰ ਜੀ ਨੂੰ ਨਹੀਂ ਸਿਞਾਣਦੇ, ਅੰਧ ਅੰਧਿਆਂ ਗਤਿ ਨਿਆਈਂ (ਢੂੰਢਤ) ਢੂੰਢਦੇ, ਵਿਕਾਰਾਂ ਔਗੁਣਾਂ ਚ (ਡੋਲਹਿ) ਡੋਲਦੇ ਹਨ	Dtoondtath Ddolehi Andhh Gath Ar Cheenath Naahee Santh ||	Searching, the mortal stumbles like a blind person, and does not recognize the Saint.	ਜੋ ਮਨੁੱਖ (ਪ੍ਰਭੂ ਦੀ) ਭਾਲ ਤਾਂ ਕਰਦੇ ਹਨ, ਪਰ ਭਗਤ ਜਨਾਂ ਨੂੰ ਪਛਾਣ ਨਹੀਂ ਸਕਦੇ ਉਹ ਅੰਨ੍ਹਿਆਂ ਵਾਂਗ ਹੀ ਟਟੌਲੇ ਮਾਰਦੇ ਹਨ।
58754	1377	ਕਹਿ ਨਾਮਾ ਕਿਉ ਪਾਈਐ ਬਿਨੁ ਭਗਤਹੁ ਭਗਵੰਤੁ॥੨੪੧॥		Kehi Naamaa Kio Paaeeai Bin Bhagathahu Bhagavanth ||241||	Says Naam Dayv, how can one obtain the Lord God, without His devotee? ||241||	ਨਾਮਦੇਵ ਆਖਦਾ ਹੈ ਕਿ ਭਗਤੀ ਕਰਨ ਵਾਲੇ ਬੰਦਿਆਂ (ਦੀ ਸੰਗਤ) ਤੋਂ ਬਿਨਾ ਭਗਵਾਨ ਨਹੀਂ ਮਿਲ ਸਕਦਾ ॥੨੪੧॥
58755	1377	ਹਰਿ ਸੋ ਹੀਰਾ ਛਾਡਿ ਕੈ ਕਰਹਿ ਆਨ ਕੀ ਆਸ ॥		Har So Heeraa Shhaadd Kai Karehi Aan Kee Aas ||	Forsaking the Diamond of the Lord, the mortals put their hopes in another.	(ਸਾਰੇ ਸੁਖ ਪ੍ਰਭੂ ਦੇ ਸਿਮਰਨ ਵਿਚ ਹਨ, ਪਰ) ਜੋ ਮਨੁੱਖ ਪਰਮਾਤਮਾ ਦਾ ਨਾਮ-ਹੀਰਾ ਛੱਡ ਕੇ ਹੋਰ ਹੋਰ ਥਾਂ ਤੋਂ ਸੁਖਾਂ ਦੀ ਆਸ ਰੱਖਦੇ ਹਨ,
58756	1377	ਤੇ ਨਰ ਦੋਜਕ ਜਾਹਿਗੇ ਸਤਿ ਭਾਖੈ ਰਵਿਦਾਸ॥੨੪੨॥		Thae Nar Dhojak Jaahigae Sath Bhaakhai Ravidhaas ||242||	Those people shall go to hell; Ravi Daas speaks the Truth. ||242||	ਉਹ ਲੋਕ ਸਦਾ ਦੁੱਖ ਹੀ ਸਹਾਰਦੇ ਹਨ-ਇਹ ਸੱਚੀ ਗੱਲ ਰਵਿਦਾਸ ਦੱਸਦਾ ਹੈ ॥੨੪੨॥

58757	1377	ਕਬੀਰ ਜਉ ਗ੍ਰਿਹੁ ਕਰਹਿ ਤ ਧਰਮੁ ਕਰੁ ਨਾਹੀ ਤ ਕਰੁ ਬੈਰਾਗੁ॥		Kabeer Jo Grihu Karehi Th Dhharam Kar Naahee Th Kar Bairaag ||	Kabeer, if you live the householder's life, then practice righteousness; otherwise, you might as well retire from the world.	ਹੇ ਕਬੀਰ! ਜੇ ਤੂੰ ਘਰ-ਬਾਰੀ ਬਣਦਾ ਹੈਂ ਤਾਂ ਘਰ-ਬਾਰੀ ਵਾਲਾ ਫ਼ਰਜ਼ ਭੀ ਨਿਬਾਹ (ਭਾਵ, ਪ੍ਰਭੂ ਦਾ ਸਿਮਰਨ ਕਰ, ਵਿਕਾਰਾਂ ਤੋਂ ਬਚਿਆ ਰਹੁ ਅਤੇ ਕਿਸੇ ਤੋਂ ਨਫ਼ਰਤ ਨਾਹ ਕਰ। ਪਰ ਗ੍ਰਿਹਸਤ ਵਿਚ ਰਹਿ ਕੇ) ਜੇ ਤੂੰ ਮਾਇਆ ਵਿਚ ਹੀ ਗ਼ਰਕੇ ਰਹਿਣਾ ਹੈ ਤਾਂ ਇਸ ਨੂੰ ਤਿਆਗਣਾ ਹੀ ਭਲਾ ਹੈ।
58758	1377	ਬੈਰਾਗੀ ਬੰਧਨੁ ਕਰੈ ਤਾ ਕੋ ਬਡੋ ਅਭਾਗੁ॥੨੪੩॥		Bairaagee Bandhhan Karai Thaa Ko Baddo Abhaag ||243||	If someone renounces the world, and then gets involved in worldly entanglements, he shall suffer terrible misfortune. ||243||	ਤਿਆਗੀ ਬਣ ਕੇ ਜੋ ਮਨੁੱਖ ਫਿਰ ਭੀ ਨਾਲ ਨਾਲ ਮਾਇਆ ਦਾ ਜੰਜਾਲ ਸਹੇੜਦਾ ਹੈ ਉਸ ਦੀ ਬੜੀ ਬਦ-ਕਿਸਮਤੀ ਸਮਝੋ (ਉਹ ਕਿਸੇ ਥਾਂ ਜੋਗਾ ਨਾਹ ਰਿਹਾ) ॥੨੪੩॥
58759	1377	ਸਲੋਕ ਸੇਖ ਫਰੀਦ ਕੇ		Salok Saekh Fareedh Kae	Shaloks Of Shaykh Fareed Jee:	ਸ਼ੇਖ ਫਰੀਦ ਜੀ ਦੇ ਸਲੋਕ।
58760	1377	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

58761	1377	ਜਿਤੁ ਦਿਹਾੜੈ ਧਨ ਵਰੀ ਸਾਹੇ ਲਏ ਲਿਖਾਇ॥		Jith Dhihaarrai Dhhan Varee Saahae Leae Likhaae ||	The day of the bride's wedding is pre-ordained.	ਜਿਸ ਦਿਨ (ਜੀਵ-) ਇਸਤ੍ਰੀ ਵਿਆਹੀ ਜਾਇਗੀ, ਉਹ ਸਮਾ (ਪਹਿਲਾਂ ਹੀ) ਲਿਖਿਆ ਗਿਆ ਹੈ (ਭਾਵ, ਜੀਵ ਦੇ ਜਗਤ ਵਿਚ ਆਉਣ ਤੋਂ ਪਹਿਲਾਂ ਹੀ ਇਸ ਦੀ ਮੌਤ ਦਾ ਸਮਾ ਮਿਥਿਆ ਜਾਂਦਾ ਹੈ),
58762	1377	ਮਲਕੁ ਜਿ ਕੰਨੀ ਸੁਣੀਦਾ ਮੁਹੁ ਦੇਖਾਲੇ ਆਇ॥		Malak J Kannee Suneedhaa Muhu Dhaekhaalae Aae ||	On that day, the Messenger of Death, of whom she had only heard, comes and shows its face.	ਮੌਤ ਦਾ ਫ਼ਰਿਸਤਾ ਜੋ ਕੰਨਾਂ ਨਾਲ ਸੁਣਿਆ ਹੀ ਹੋਇਆ ਸੀ, ਆ ਕੇ ਮੂੰਹ ਵਿਖਾਂਦਾ ਹੈ (ਭਾਵ, ਜਿਸ ਬਾਰੇ ਪਹਿਲਾਂ ਹੋਰਨਾਂ ਦੀ ਮੌਤ ਸਮੇ ਸੁਣਿਆ ਸੀ, ਹੁਣ ਉਸ ਜੀਵ-ਇਸਤ੍ਰੀ ਨੂੰ ਆ ਮੂੰਹ ਵਿਖਾਂਦਾ ਹੈ ਜਿਸ ਦੀ ਵਾਰੀ ਆ ਜਾਂਦੀ ਹੈ)।
58763	1377	ਜਿੰਦੁ ਨਿਮਾਣੀ ਕਢੀਐ ਹਡਾ ਕੂ ਕੜਕਾਇ॥	ਹੱਡਾਂ	Jindh Nimaanee Kadteeai Haddaa Koo Karrakaae ||	It breaks the bones of the body and pulls the helpless soul out.	ਹੱਡਾਂ ਨੂੰ ਭੰਨ ਭੰਨ ਕੇ (ਭਾਵ, ਸਰੀਰ ਨੂੰ ਰੋਗ ਆਦਿਕ ਨਾਲ ਨਿਤਾਣਾ ਕਰ ਕੇ) ਵਿਚਾਰੀ ਜਿੰਦ (ਇਸ ਵਿਚੋਂ) ਕੱਢ ਲਈ ਜਾਂਦੀ ਹੈ।
58764	1377	ਸਾਹੇ ਲਿਖੇ ਨ ਚਲਨੀ ਜਿੰਦੂ ਕੂੰ ਸਮਝਾਇ॥		Saahae Likhae N Chalanee Jindhoo Koon Samajhaae ||	That pre-ordained time of marriage cannot be avoided. Explain this to your soul.	ਜਿੰਦ ਨੂੰ (ਇਹ ਗੱਲ) ਸਮਝਾ ਕਿ (ਮੌਤ ਦਾ) ਇਹ ਮਿਥਿਆ ਹੋਇਆ ਸਮਾ ਟਲ ਨਹੀਂ ਸਕਦਾ।

58765	1377	ਜਿੰਦੁ ਵਹੁਟੀ ਮਰਣੁ ਵਰੁ ਲੈ ਜਾਸੀ ਪਰਣਾਇ॥		Jindh Vahuttee Maran Var Lai Jaasee Paranaae ||	The soul is the bride, and death is the groom. He will marry her and take her away.	ਜਿੰਦ, ਮਾਨੋ, ਵਹੁਟੀ ਹੈ, ਮੌਤ (ਦਾ ਫ਼ਰਿਸਤਾ ਇਸ ਦਾ) ਲਾੜਾ ਹੈ (ਜਿੰਦ ਨੂੰ) ਵਿਆਹ ਕੇ ਜ਼ਰੂਰ ਲੈ ਜਾਇਗਾ,
58766	1377	ਆਪਣ ਹਥੀ ਜੋਲਿ ਕੈ ਕੈ ਗਲਿ ਲਗੈ ਧਾਇ॥	ਪੈਰਾਂ ਨਾਲ (ਜੋਲਿ) ਜਾ ਕੇ। ਹੱਥੀਂ। ਗਲ਼ਿ	Aapan Hathhee Jol Kai Kai Gal Lagai Dhhaae ||	After the body sends her away with its own hands, whose neck will it embrace?	ਇਹ (ਕਾਂਇਆਂ ਜਿੰਦ ਨੂੰ) ਆਪਣੀ ਹੱਥੀਂ ਤੋਰ ਤੇ ਕਿਸ ਦੇ ਗਲ ਲੱਗੇਗੀ? (ਭਾਵ ਨਿਆਸਰੀ ਹੋ ਜਾਇਗੀ)।
58767	1377	ਵਾਲਹੁ ਨਿਕੀ ਪੁਰ ਸਲਾਤ ਕੰਨੀ ਨ ਸੁਣੀਆਇ॥	ਜਮ ਦੇ ਰਸਤੇ ਦਾ (ਪੁਰ) ਪੁਲ (ਸਲਾਤ) ਦੁੱਖਾਂ ਵਾਲਾ। ਸੁਣੀ-ਆਇ	Vaalahu Nikee Purasalaath Kannee N Sunee Aae ||	The bridge to hell is narrower than a hair; haven't you heard of it with your ears?	ਹੇ ਫਰੀਦ! ਤੂੰ ਕਦੇ 'ਪੁਲ ਸਿਰਾਤ' ਦਾ ਨਾਮ ਨਹੀਂ ਸੁਣਿਆ ਜੋ ਵਾਲ ਤੋਂ ਭੀ ਬਰੀਕ ਹੈ?

58768	1377	ਫਰੀਦਾ ਕਿੜੀ ਪਵੰਦੀਈ ਖੜਾ ਨ ਆਪੁ ਮੁਹਾਇ॥੧॥	(ਕਿੜੀ) ਅਵਾਜ਼ਾਂ (ਪਵੰਦੀ-ਈ) ਪੈਂਦੀਆਂ ਹਨ। (ਮੁਹਾਇ) ਲੁਟਾ ਨਹੀਂ	Fareedhaa Kirree Pavandheeee Kharraa N Aap Muhaae ||1||	Fareed, the call has come; be careful now - don't let yourself be robbed. ||1||	ਕੰਨੀਂ ਵਾਜਾਂ ਪੈਂਦਿਆਂ ਭੀ ਆਪਣੇ ਆਪ ਨੂੰ ਲੁਟਾਈ ਨਾ ਜਾਹ (ਭਾਵ, ਜਗਤ ਵਿਚ ਸਮੁੰਦਰ ਹੈ ਜਿਸ ਵਿਚ ਵਿਕਾਰਾਂ ਦੀਆਂ ਲਹਿਰਾਂ ਉੱਠ ਰਹੀਆਂ ਹਨ, ਇਸ ਵਿਚੋਂ ਸਹੀ ਸਲਾਮੱਤ ਪਾਰ ਲੰਘਣ ਲਈ 'ਦਰਵੇਸ਼ੀ', ਮਾਨੋ, ਇਕ ਪੁਲ ਹੈ, ਜੋ ਹੈ ਬਹੁਤ ਸੌੜਾ ਤੇ ਬਾਰੀਕ, ਭਾਵ, ਦਰਵੇਸ਼ੀ ਕਮਾਈ ਬੜੀ ਹੀ ਔਖੀ ਹੈ, ਪਰ ਦੁਨੀਆ ਦੇ ਵਿਕਾਰਾਂ ਤੋਂ ਬਚਣ ਲਈ ਰਸਤਾ ਸਿਰਫ਼ ਇਹੀ ਹੈ। ਧਰਮ-ਪੁਸਤਕਾਂ ਦੀ ਰਾਹੀਂ ਗੁਰੂ-ਪੈਗ਼ੰਬਰ ਤੈਨੂੰ ਵਿਕਾਰਾਂ ਦੀਆਂ ਲਹਿਰਾਂ ਦੇ ਖ਼ਤਰੇ ਤੋਂ ਬਚਣ ਲਈ ਵਾਜਾਂ ਮਾਰ ਰਹੇ ਹਨ; ਧਿਆਨ ਨਾਲ ਸੁਣ ਤੇ ਜੀਵਨ ਅਜ਼ਾਈਂ ਨਾਹ ਗਵਾ) ॥੧॥
58769	1377	ਫਰੀਦਾ ਦਰ ਦਰਵੇਸੀ ਗਾਖੜੀ ਚਲਾਂ ਦੁਨੀਆਂ ਭਤਿ॥	ਭਤਿ:ਪੋਲਾ ਬੋਲੋ। (ਭਤਿ) ਤਰ੍ਹਾਂ। ਗੱਖੜੀ। ਚੱਲਾਂ	Fareedhaa Dhar Dharavaesee Gaakharree Chalaan Dhuneeaaan Bhath ||	Fareed, it is so difficult to become a humble Saint at the Lord's Door.	ਹੇ ਫਰੀਦ! (ਪਰਮਾਤਮਾ ਦੇ) ਦਰ ਦੀ ਫ਼ਕੀਰੀ ਔਖੀ (ਕਾਰ) ਹੈ, ਤੇ ਮੈਂ ਦੁਨੀਆਦਾਰਾਂ ਵਾਂਗ ਹੀ ਤੁਰ ਰਿਹਾ ਹਾਂ,

58770	1378	ਬੰਨ੍ਹਿ ਉਠਾਈ ਪੋਟਲੀ ਕਿਥੈ ਵੰਞਾ ਘਤਿ॥੨॥	ਘੱਤਿ	Bannih Outhaaee Pottalee Kithhai Vannjaa Ghath ||2||	I am so accustomed to walking in the ways of the world. I have tied and picked up the bundle; where can I go to throw it away? ||2||	('ਦੁਨੀਆ' ਵਾਲੀ) ਨਿੱਕੀ ਜਹੀ ਗੰਢ (ਮੈਂ ਭੀ) ਬੰਨ੍ਹ ਕੇ ਚੁੱਕੀ ਹੋਈ ਹੈ, ਇਸ ਨੂੰ ਸੁੱਟ ਕੇ ਕਿਥੇ ਜਾਵਾਂ? (ਭਾਵ, ਦੁਨੀਆ ਦੇ ਮੋਹ ਨੂੰ ਛੱਡਣਾ ਕੋਈ ਸੌਖਾ ਕੰਮ ਨਹੀਂ ਹੈ) ॥੨॥
58771	1378	ਕਿਝੁ ਨ ਬੁਝੈ ਕਿਝੁ ਨ ਸੁਝੈ ਦੁਨੀਆ ਗੁਝੀ ਭਾਹਿ॥		Kijh N Bujhai Kijh N Sujhai Dhuneeaa Gujhee Bhaahi ||	I know nothing; I understand nothing. The world is a smouldering fire.	ਦੁਨੀਆ (ਵੇਖਣ ਨੂੰ ਤਾਂ ਗੁਲਜ਼ਾਰ ਹੈ, ਪਰ ਇਸ ਦਾ ਮੋਹ ਅਸਲ ਵਿਚ) ਲੁਕਵੀਂ ਅੱਗ ਹੈ (ਜੋ ਅੰਦਰ ਹੀ ਅੰਦਰ ਮਨ ਵਿਚ ਧੁਖਦੀ ਰਹਿੰਦੀ ਹੈ; ਇਸ ਵਿਚ ਪਏ ਹੋਏ ਜੀਵਾਂ ਨੂੰ ਜ਼ਿੰਦਗੀ ਦੇ ਸਹੀ ਰਸਤੇ ਦੀ) ਕੁਝ ਸੂਝ-ਬੂਝ ਨਹੀਂ ਪੈਂਦੀ।
58772	1378	ਸਾਂਈਂ ਮੇਰੈ ਚੰਗਾ ਕੀਤਾ ਨਾਹੀ ਤ ਹੰ ਭੀ ਦਝਾਂ ਆਹਿ॥੩॥	ਦੱਝਾਂ	Saaneen Maerai Changaa Keethaa Naahee Th Han Bhee Dhajhaan Aahi ||3||	My Lord did well to warn me about it; otherwise, I would have been burnt as well. ||3||	ਮੇਰੇ ਸਾਂਈ ਨੇ (ਮੇਰੇ ਉਤੇ) ਮੇਹਰ ਕੀਤੀ ਹੈ (ਤੇ ਮੈਨੂੰ ਇਸ ਤੋਂ ਬਚਾ ਲਿਆ ਹੈ) ਨਹੀਂ ਤਾਂ (ਬਾਕੀ ਲੋਕਾਂ ਵਾਂਗ) ਮੈਂ ਭੀ (ਇਸ ਵਿਚ) ਸੜ ਜਾਂਦਾ (ਭਾਵ, ਮਾਇਆ ਦੇ ਮੋਹ ਤੋਂ ਪ੍ਰਭੂ ਆਪ ਹੀ ਮੇਹਰ ਕਰ ਕੇ ਬਚਾਂਦਾ ਹੈ, ਅਸਾਡੇ ਆਪਣੇ ਵੱਸ ਦੀ ਗੱਲ ਨਹੀਂ ਕਿ ਇਹ 'ਪੋਟਲੀ' ਸਿਰੋਂ ਲਾਹ ਕੇ ਸੁੱਟ ਦੇਈਏ) ॥੩॥

58773	1378	ਫਰੀਦਾ ਜੇ ਜਾਣਾ ਤਿਲ ਥੋੜੜੇ ਸੰਮਲਿ ਬੁਕੁ ਭਰੀ॥	ਬੁੱਕੁ, ਭਰੀਂ	Fareedhaa Jae Jaanaa Thil Thhorrarrae Sanmal Buk Bharee ||	Fareed, if I had known that I had so few sesame seeds, I would have been more careful with them in my hands.	ਹੇ ਫਰੀਦ! ਜੇ ਮੈਨੂੰ ਪਤਾ ਹੋਵੇ ਕਿ (ਇਸ ਸਰੀਰ-ਰੂਪ ਭਾਂਡੇ ਵਿਚ) ਬਹੁਤ ਥੋੜ੍ਹੇ ਜਿਹੇ (ਸੁਆਸ ਰੂਪ) ਤਿਲ ਹਨ ਤਾਂ ਮੈਂ ਸੋਚ-ਸਮਝ ਕੇ (ਇਹਨਾਂ ਦਾ) ਬੁੱਕ ਭਰਾਂ (ਭਾਵ, ਬੇ-ਪਰਵਾਹੀ ਨਾਲ ਜੀਵਨ ਦੇ ਸੁਆਸ ਨਾ ਗੁਜ਼ਾਰੀ ਜਾਵਾਂ)।
58774	1378	ਜੇ ਜਾਣਾ ਸਹੁ ਨੰਢੜਾ ਤਾਂ ਥੋੜਾ ਮਾਣੁ ਕਰੀ॥੪॥	ਕਰੀਂ	Jae Jaanaa Sahu Nandtarraa Thaan Thhorraa Maan Karee ||4||	If I had known that my Husband Lord was so young and innocent, I would not have been so arrogant. ||4||	ਜੇ ਮੈਨੂੰ ਸਮਝ ਆ ਜਾਏ ਕਿ (ਮੇਰਾ) ਪਤੀ (-ਪ੍ਰਭੂ) ਬਾਲ-ਸੁਭਾਵ ਵਾਲਾ ਹੈ (ਭਾਵ, ਭੋਲੇ ਸੁਭਾਵ ਨੂੰ ਪਿਆਰ ਕਰਦਾ ਹੈ) ਤਾਂ ਮੈਂ ਭੀ (ਇਸ ਦੁਨੀਆ ਵਾਲੀ 'ਪੋਟਲੀ' ਦਾ) ਮਾਣ ਛੱਡ ਦਿਆਂ ॥੪॥
58775	1378	ਜੇ ਜਾਣਾ ਲੜੁ ਛਿਜਣਾ ਪੀਡੀ ਪਾਈਂ ਗੰਢਿ॥		Jae Jaanaa Larr Shhijanaa Peeddee Paaeen Gandt ||	If I had known that my robe would come loose, I would have tied a tighter knot.	(ਹੇ ਪਤੀ-ਪ੍ਰਭੂ!) ਜੇ ਮੈਨੂੰ ਸਮਝ ਹੋਵੇ ਕਿ (ਇਸ 'ਪੋਟਲੀ' ਦੇ ਕਾਰਨ ਤੇਰਾ ਫੜਿਆ ਹੋਇਆ) ਪੱਲਾ ਛਿੱਜ ਜਾਂਦਾ ਹੈ (ਭਾਵ, ਤੇਰੇ ਨਾਲੋਂ ਵਿੱਥ ਪੈ ਜਾਂਦੀ ਹੈ) ਤਾਂ ਮੈਂ (ਤੇਰੇ ਪੱਲੇ ਨਾਲ ਹੀ) ਪੱਕੀ ਗੰਢ ਪਾਵਾਂ।
58776	1378	ਤੈ ਜੇਵਡੁ ਮੈ ਨਾਹਿ ਕੋ ਸਭੁ ਜਗੁ ਡਿਠਾ ਹੰਢਿ॥੫॥		Thai Jaevadd Mai Naahi Ko Sabh Jag Ddithaa Handt ||5||	I have found none as great as You, Lord; I have looked and searched throughout the world. ||5||	(ਹੇ ਸਾਂਈਂ!) ਮੈਂ ਸਾਰਾ ਜਗਤ ਫਿਰ ਕੇ ਵੇਖ ਲਿਆ ਹੈ, ਤੇਰੇ ਵਰਗਾ (ਸਾਥੀ) ਮੈਨੂੰ ਹੋਰ ਕੋਈ ਨਹੀਂ ਲੱਭਾ ॥੫॥

58777	1378	ਫਰੀਦਾ ਜੇ ਤੂ ਅਕਲਿ ਲਤੀਫੁ ਕਾਲੇ ਲਿਖੁ ਨ ਲੇਖੁ॥	(ਲਤੀਫੁ) ਪਵਿੱਤ੍ਰ ਨੇਕ ਕ੍ਰਿਪਾਲ ਚਤਰ ਹੈਂ	Fareedhaa Jae Thoo Akal Latheef Kaalae Likh N Laekh ||	Fareed, if you have a keen understanding, then do not write black marks against anyone else.	ਹੇ ਫਰੀਦ! ਜੇ ਤੂੰ ਬਰੀਕ ਅਕਲ ਵਾਲਾ (ਸਮਝਦਾਰ) ਹੈਂ, ਤਾਂ ਹੋਰ ਬੰਦਿਆਂ ਦੇ ਮੰਦੇ ਕਰਮਾਂ ਦੀ ਪਛਚੋਲ ਨਾ ਕਰ;
58778	1378	ਆਪਨੜੇ ਗਿਰੀਵਾਨ ਮਹਿ ਸਿਰੁ ਨੀਂਵਾਂ ਕਰਿ ਦੇਖੁ॥੬॥	ਅਪਨੇ ਅੰਦਰ ਝਾਤੀ ਮਾਰ,ਦੂਜਿਆਂ ਦੇ ਔਗੁਣ ਦੇਖਣ ਦੀ ਥਾਂ, ਅਪਣੇ ਹੀ ਔਗੁਣ ਦੇਖ। (ਗਿਰੀਵਾਨ) ਅੰਤਰਮੁਖ ਬ੍ਰਿਤੀ ਕਰਕੇ। (ਸਿਰ) ਹੰਕਾਰ ਨੂੰ ਨੀਵਾਂ ਕਰਕੇ ,ਸਭ ਅੰਦਰ ਬ੍ਰਹਮ ਦੇਖੁ।	Aapanarrae Gireevaan Mehi Sir Nanaeevaan Kar Dhaekh ||6||	Look underneath your own collar instead. ||6||	ਆਪਣੀ ਬੁੱਕਲ ਵਿਚ ਮੂੰਹ ਪਾ ਕੇ ਵੇਖ (ਕਿ ਤੇਰੇ ਆਪਣੇ ਕਰਮ ਕੈਸੇ ਹਨ) ॥੬॥
58779	1378	ਫਰੀਦਾ ਜੋ ਤੈ ਮਾਰਨਿ ਮੁਕੀਆਂ ਤਿਨ੍ਹਾ ਨ ਮਾਰੇ ਘੁੰਮਿ॥		Fareedhaa Jo Thai Maaran Mukeeaaan Thinhaa N Maarae Ghunm ||	Fareed, do not turn around and strike those who strike you with their fists.	ਹੇ ਫਰੀਦ! ਜੋ (ਮਨੁੱਖ) ਤੈਨੂੰ ਮੁੱਕੀਆਂ ਮਾਰਨ (ਭਾਵ, ਕੋਈ ਦੁੱਖ ਦੇਣ) ਉਹਨਾਂ ਨੂੰ ਤੂੰ ਪਰਤ ਕੇ ਨਾ ਮਾਰੀਂ (ਭਾਵ, ਬਦਲਾ ਨਾ ਲਈਂ, ਸਗੋਂ)
58780	1378	ਆਪਨੜੈ ਘਰਿ ਜਾਈਐ ਪੈਰ ਤਿਨ੍ਹਾ ਦੇ ਚੁੰਮਿ॥੭॥		Aapanarrai Ghar Jaaeeai Pair Thinhaa Dhae Chunm ||7||	Kiss their feet, and return to your own home. ||7||	ਉਹਨਾਂ ਦੇ ਪੈਰ ਚੁੰਮ ਕੇ ਆਪਣੇ ਘਰ ਵਿਚ (ਸ਼ਾਂਤ ਅਵਸਥਾ ਵਿਚ) ਟਿਕੇ ਰਹੀਦਾ ਹੈ ॥੭॥

58781	1378	ਫਰੀਦਾ ਜਾਂ ਤਉ ਖਟਣ ਵੇਲ ਤਾਂ ਤੂ ਰਤਾ ਦੁਨੀ ਸਿਉ॥	ਖੱਟਣ	Fareedhaa Jaan Tho Khattan Vael Thaan Thoo Rathaa Dhunee Sio ||	Fareed, when there was time for you to earn good karma, you were in love with the world instead.	ਹੇ ਫਰੀਦ! ਜਦੋਂ ਤੇਰਾ (ਅਸਲ ਖੱਟੀ) ਖੱਟਣ ਦਾ ਵੇਲਾ ਸੀ ਤਦੋਂ ਤੂੰ ਦੁਨੀਆ (ਦੀ 'ਪੋਟਲੀ') ਨਾਲ ਮਸਤ ਰਿਹਾ।
58782	1378	ਮਰਗ ਸਵਾਈ ਨੀਹਿ ਜਾਂ ਭਰਿਆ ਤਾਂ ਲਦਿਆ॥੮॥	(ਮਰਗ) ਮੌਤ (ਸਵਾਈ) ਸਾਰੀ ਸ੍ਰਿਸ਼ਟੀ। ਲੱਦਿਆ	Marag Savaaee Neehi Jaan Bhariaa Thaan Ladhiaa ||8||	Now, death has a strong foothold; when the load is full, it is taken away. ||8||	(ਇਸ ਤਰ੍ਹਾਂ) ਮੌਤ ਦੀ ਨੀਂਹ ਪੱਕੀ ਹੁੰਦੀ ਗਈ, (ਭਾਵ, ਮੌਤ ਦਾ ਸਮਾਂ ਨੇੜੇ ਆਉਂਦਾ ਗਿਆ) ਜਦੋਂ ਸਾਰੇ ਸੁਆਸ ਪੂਰੇ ਹੋ ਗਏ, ਤਾਂ ਇਥੋਂ ਕੂਚ ਕਰਨਾ ਪਿਆ ॥੮॥
58783	1378	ਦੇਖੁ ਫਰੀਦਾ ਜੁ ਥੀਆ ਦਾੜੀ ਹੋਈ ਭੂਰ॥	ਦਾੜ੍ਹੀ	Dhaekh Fareedhaa J Thheeaa Dhaarree Hoee Bhoor ||	See, Fareed, what has happened: your beard has become grey.	ਹੇ ਫਰੀਦ! ਵੇਖ ਜੋ ਕੁਝ (ਹੁਣ ਤਕ) ਹੋ ਚੁਕਿਆ ਹੈ (ਉਹ ਇਹ ਹੈ ਕਿ) ਦਾੜ੍ਹੀ ਚਿੱਟੀ ਹੋ ਗਈ ਹੈ,
58784	1378	ਅਗਹੁ ਨੇੜਾ ਆਇਆ ਪਿਛਾ ਰਹਿਆ ਦੂਰਿ॥੯॥		Agahu Naerraa Aaeiaa Pishhaa Rehiaa Dhoor ||9||	That which is coming is near, and the past is left far behind. ||9||	ਮੌਤ ਵਾਲੇ ਪਾਸਿਓਂ ਸਮਾਂ ਨੇੜੇ ਆ ਰਿਹਾ ਹੈ, ਤੇ ਪਿਛਲਾ ਪਾਸਾ (ਜਦੋਂ ਜੰਮਿਆਂ ਸੈਂ) ਦੂਰ (ਪਿਛਾਂਹ) ਰਹਿ ਗਿਆ ਹੈ, (ਸੋ ਹੁਣ ਅੰਞਾਣਾਂ ਵਾਲੇ ਕੰਮ ਨਾਹ ਕਰ, ਤੇ ਅਗਾਂਹ ਦੀ ਤਿਆਰੀ ਲਈ ਕਮਾਈ ਕਰ) ॥੯॥

58785	1378	ਦੇਖੁ ਫਰੀਦਾ ਜਿ ਥੀਆ ਸਕਰ ਹੋਈ ਵਿਸੁ॥	ਵਿਸ਼ੇ ਸੁਆਦ ਔਗੁਣ ਪਾਪ ਨਸ਼ੇ ਜੋ ਸ਼ੱਕਰ ਮੰਨੇ ਸਨ, ਸੋ ਵਿ(ਵਸੁ) ਵਿਹੁ ਹੋ ਗਏ। ਸੱਕਰ। ਵਿਸੁ: ਪੋਲਾ ਬੋਲੋ	Dhaekh Fareedhaa J Thheeaa Sakar Hoee Vis ||	See, Fareed, what has happened: sugar has become poison.	ਹੇ ਫਰੀਦ! ਵੇਖ, (ਹੁਣ ਤਕ) ਜੋ ਹੋਇਆ ਹੈ (ਉਹ ਇਹ ਹੈ ਕਿ 'ਦਾੜ੍ਹੀ ਭੂਰ' ਹੋ ਜਾਣ ਕਰਕੇ) ਦੁਨੀਆ ਦੇ ਮਿੱਠੇ ਪਦਾਰਥ (ਭੀ) ਦੁਖਦਾਈ ਲੱਗਦੇ ਹਨ (ਕਿਉਂਕਿ ਹੁਣ ਸਰੀਰਕ ਇੰਦ੍ਰੇ ਕਮਜ਼ੋਰ ਪੈ ਜਾਣ ਕਰਕੇ ਉਨ੍ਹਾਂ ਭੋਗਾਂ ਨੂੰ ਚੰਗੀ ਤਰ੍ਹਾਂ ਭੋਗ ਨਹੀਂ ਸਕਦੇ)।
58786	1378	ਸਾਂਈ ਬਾਝਹੁ ਆਪਣੇ ਵੇਦਣ ਕਹੀਐ ਕਿਸੁ॥੧੦॥	ਵੇਦਣ: ਪੋਲਾ ਬੋਲੋ	Saanee Baajhahu Aapanae Vaedhan Keheeai Kis ||10||	Without my Lord, who can I tell of my sorrow? ||10||	ਇਹ ਦੁੱਖੜਾ ਆਪਣੇ ਸਾਈਂ ਬਾਝੋਂ ਹੋਰ ਕਿਸ ਨੂੰ ਆਖੀਏ? (ਭਾਵ, ਪ੍ਰਭੂ ਦੇ ਨਿਯਮਾਂ ਅਨੁਸਾਰ ਹੋ ਰਹੀ ਇਸ ਤਬਦੀਲੀ ਵਿਚ ਕੋਈ ਰੋਕ ਨਹੀਂ ਪਾ ਸਕਦਾ) ॥੧੦॥
58787	1378	ਫਰੀਦਾ ਅਖੀ ਦੇਖਿ ਪਤੀਣੀਆਂ ਸੁਣਿ ਸੁਣਿ ਰੀਣੇ ਕੰਨ॥	ਅੱਖੀਂ	Fareedhaa Akhee Dhaekh Patheeneeaaan Sun Sun Reenae Kann ||	Fareed, my eyes have become weak, and my ears have become hard of hearing.	ਹੇ ਫਰੀਦ! ('ਸੱਕਰ' ਦੇ 'ਵਿਸੁ' ਹੋ ਜਾਣ ਦਾ ਕਾਰਨ ਇਹ ਹੈ ਕਿ) ਅੱਖਾਂ (ਜਗਤ ਦੇ ਰੰਗ-ਤਮਾਸ਼ੇ) ਵੇਖ ਕੇ (ਹੁਣ) ਕਮਜ਼ੋਰ ਹੋ ਗਈਆਂ ਹਨ (ਜਗਤ ਦੇ ਰੰਗ-ਤਮਾਸ਼ੇ ਤਾਂ ਉਸੇ ਤਰ੍ਹਾਂ ਮੌਜੂਦ ਹਨ, ਪਰ ਅੱਖਾਂ ਵਿਚ ਹੁਣ ਵੇਖਣ ਦੀ ਸੱਤਿਆ ਨਹੀਂ ਰਹੀ), ਕੰਨ (ਦੁਨੀਆ ਦੇ ਰਾਗ-ਰੰਗ) ਸੁਣ ਸੁਣ ਕੇ (ਹੁਣ) ਬੋਲੇ ਹੋ ਗਏ ਹਨ।

58788	1378	ਸਾਖ ਪਕੰਦੀ ਆਈਆ ਹੋਰ ਕਰੇਂਦੀ ਵੰਨ॥੧੧॥	(ਸਾਖ) ਖੇਤੀ	Saakh Pakandhee Aaeeaa Hor Karaenadhee Vann ||11||	The body's crop has become ripe and turned color. ||11||	(ਨਿਰਾ ਅੱਖਾਂ ਤੇ ਕੰਨ ਹੀ ਨਹੀਂ, ਸਾਰਾ) ਸਰੀਰ ਹੀ ਬਿਰਧ ਹੋ ਗਿਆ ਹੈ, ਇਸ ਨੇ ਹੋਰ ਹੀ ਰੰਗ ਵਟਾ ਲਿਆ ਹੈ (ਹੁਣ ਭੋਗ ਭੋਗਣ ਜੋਗਾ ਨਹੀਂ ਰਿਹਾ, ਤੇ ਇਸ ਹਹੁਕੇ ਦਾ ਕੋਈ ਇਲਾਜ ਨਹੀਂ ਹੈ) ॥੧੧॥
58789	1378	ਫਰੀਦਾ ਕਾਲੰੀ ਜਿਨੀ ਨ ਰਾਵਿਆ ਧਉਲੀ ਰਾਵੈ ਕੋਇ॥		Fareedhaa Kaalanaee Jinee N Raaviaa Dhhoulee Raavai Koe ||	Fareed, those who did not enjoy their Spouse when their hair was black - hardly any of them enjoy Him when their hair turns grey.	ਹੇ ਫਰੀਦ! ਕਾਲੇ ਕੇਸਾਂ ਦੇ ਹੁੰਦਿਆਂ ਜਿਨ੍ਹਾਂ ਨੇ ਪਤੀ-ਪ੍ਰਭੂ ਨਾਲ ਪਿਆਰ ਨਹੀਂ ਕੀਤਾ, ਉਨ੍ਹਾਂ ਵਿਚੋਂ ਕੋਈ ਵਿਰਲਾ ਹੀ ਧਉਲੇ ਆਇਆਂ (ਭਾਵ, ਬਿਰਧ ਉਮਰੇ) ਰੱਬ ਨੂੰ ਯਾਦ ਕਰ ਸਕਦਾ ਹੈ।
58790	1378	ਕਰਿ ਸਾਂਈ ਸਿਉ ਪਿਰਹੜੀ ਰੰਗੁ ਨਵੇਲਾ ਹੋਇ॥੧੨॥	(ਪਿਰਹੜੀ) ਪ੍ਰੀਤੀ। ਨਵੇਲਾ ਨਵੀਨ	Kar Saanee Sio Pireharree Rang Navaelaa Hoe ||12||	So be in love with the Lord, so that your color may ever be new. ||12||	(ਹੇ ਫਰੀਦ!) ਤੂੰ ਸਾਂਈਂ ਪ੍ਰਭੂ ਨਾਲ ਪਿਆਰ ਕਰ, (ਇਹ) ਪਿਆਰ (ਨਿੱਤ) ਨਵਾਂ ਰਹੇਗਾ (ਦੁਨੀਆ ਦੀ 'ਪੋਟਲੀ' ਵਾਲਾ ਪਿਆਰ ਤਾਂ ਸਰੀਰ-'ਸਾਖ' ਪੱਕਣ ਤੇ ਟੁੱਟ ਜਾਇਗਾ) ॥੧੨॥
58791	1378	ਮਃ ੩॥		Ma 3 ||	Third Mehl:	
58792	1378	ਫਰੀਦਾ ਕਾਲੀ ਧਉਲੀ ਸਾਹਿਬੁ ਸਦਾ ਹੈ ਜੇ ਕੋ ਚਿਤਿ ਕਰੇ॥		Fareedhaa Kaalee Dhhoulee Saahib Sadhaa Hai Jae Ko Chith Karae ||	Fareed whether one's hair is black or grey our Lord and Master is always here if one remembers Him.	ਹੇ ਫਰੀਦ! ਜੇ ਕੋਈ ਬੰਦਾ ਬੰਦਗੀ ਕਰੇ, ਤਾਂ ਜੁਆਨੀ ਵਿਚ ਭੀ ਤੇ ਬੁਢੇਪੇ ਵਿਚ ਭੀ ਮਾਲਿਕ (ਮਿਲ ਸਕਦਾ) ਹੈ।

58793	1378	ਆਪਣਾ ਲਾਇਆ ਪਿਰਮੁ ਨ ਲਗਈ ਜੇ ਲੋਚੈ ਸਭੁ ਕੋਇ॥		Aapanaa Laaeiaa Piram N Lagee Jae Lochai Sabh Koe ||	This loving devotion to the Lord does not come by one's own efforts, even though all may long for it.	ਪਰ ਬੇਸ਼ਕ ਕੋਈ ਤਾਂਘ ਕਰ ਕੇ ਵੇਖ ਲਏ, 'ਇਹ ਪਿਆਰ' ਆਪਣਾ ਲਾਇਆ ਨਹੀਂ ਲੱਗ ਸਕਦਾ।
58794	1378	ਏਹੁ ਪਿਰਮੁ ਪਿਆਲਾ ਖਸਮ ਕਾ ਜੈ ਭਾਵੈ ਤੈ ਦੇਇ॥੧੩॥		Eaehu Piram Piaalaa Khasam Kaa Jai Bhaavai Thai Dhaee ||13||	This cup of loving devotion belongs to our Lord and Master; He gives it to whomever He likes. ||13||	ਇਹ ਪਿਆਰ-ਰੂਪ ਪਿਆਲਾ ਤਾਂ ਮਾਲਿਕ ਦਾ (ਆਪਣਾ) ਹੈ, ਜਿਸ ਨੂੰ ਉਸ ਦੀ ਮਰਜ਼ੀ ਹੁੰਦੀ ਹੈ ਦੇਂਦਾ ਹੈ ॥੧੩॥
58795	1378	ਫਰੀਦਾ ਜਿਨ੍ ਲੋਇਣ ਜਗੁ ਮੋਹਿਆ ਸੇ ਲੋਇਣ ਮੈ ਡਿਠੁ॥		Fareedhaa Jinh Loein Jag Mohiaa Sae Loein Mai Ddith ||	Fareed, those eyes which have enticed the world - I have seen those eyes.	ਹੇ ਫਰੀਦ! (ਇਸ ਦਿੱਸਦੀ ਗੁਲਜ਼ਾਰ, ਪਰ ਅਸਲ ਵਿਚ, 'ਗੁਝੀ ਭਾਹਿ' ਵਿਚ ਮਸਤ ਜੀਵ ਨੂੰ ਕੁਝ ਸੁੱਝਦਾ-ਬੁੱਝਦਾ ਨਹੀਂ। ਪਿਆ ਮਾਣ ਕਰਦਾ ਹੈ। ਪਰ ਮਾਣ ਕਾਹਦਾ?) ਜਿਹੜੀਆਂ (ਸੋਹਣੀਆਂ) ਅੱਖਾਂ ਨੇ ਜਗਤ ਨੂੰ ਮੋਹ ਰੱਖਿਆ ਸੀ, ਉਹ ਅੱਖਾਂ ਮੈਂ ਭੀ ਵੇਖੀਆਂ,

58796	1378	ਕਜਲ ਰੇਖ ਨ ਸਹਦਿਆ ਸੇ ਪੰਖੀ ਸੂਇ ਬਹਿਠੁ॥੧੪॥	ਪੰਛੀ ਬੱਚੇ (ਸੂਇ) ਜੰਮੇ (ਬਹਿਠੁ) ਬੈਠੇ ਹਨ। ਕੱਜਲ। ਬਹਿ-ਠੁ:ਪੋਲਾ ਬੋਲੋ	Kajal Raekh N Sehadhiaa Sae Pankhee Sooe Behith ||14||	Once, they could not endure even a bit of mascara; now, the birds hatch their young in them! ||14||	(ਪਹਿਲਾਂ ਤਾਂ ਇਤਨੀਆਂ ਨਾਜ਼ਕ ਸਨ ਕਿ) ਕੱਜਲ ਦੀ ਧਾਰ ਨਹੀਂ ਸਹਾਰ ਸਕਦੀਆਂ ਸਨ, ਫਿਰ ਉਹ ਪੰਛੀਆਂ ਦੇ ਬੱਚਿਆਂ ਦਾ ਆਹਲਣਾ ਬਣੀਆਂ (ਭਾਵ, ਅਸਾਡੇ ਸਾਹਮਣੇ ਸਰੀਰਕ ਸੁੰਦਰਤਾ ਆਖ਼ਰ ਨਿੱਤ ਨਾਸ ਹੋ ਜਾਂਦੀ ਹੈ, ਇਸ ਤੇ ਮਾਣ ਕੂੜਾ ਹੈ) ॥੧੪॥
58797	1378	ਫਰੀਦਾ ਕੂਕੇਦਿਆ ਚਾਂਗੇਦਿਆ ਮਤੀ ਦੇਦਿਆ ਨਿਤ॥	ਮੱਤੀ	Fareedhaa Kookaedhiaa Chaangaedhiaa Mathee Dhaedhiaa Nith ||	Fareed, they shouted and yelled, and constantly gave good advice.	ਹੇ ਫਰੀਦ! (ਭਾਵੇਂ ਕਿਤਨਾ ਹੀ) ਪੁਕਾਰ ਪੁਕਾਰ ਕੇ ਆਖੀਏ (ਕਿਤਨਾ ਹੀ) ਨਿੱਤ ਮੱਤਾਂ ਦੇਈਏ;
58798	1378	ਜੋ ਸੈਤਾਨਿ ਵੰਞਾਇਆ ਸੇ ਕਿਤ ਫੇਰਹਿ ਚਿਤ॥੧੫॥		Jo Saithaan Vannjaaeiaa Sae Kith Faerehi Chith ||15||	But those whom the devil has spoiled - how can they turn their consciousness towards God? ||15||	ਪਰ, ਜਿਨ੍ਹਾਂ ਬੰਦਿਆਂ ਨੂੰ (ਮਨ-) ਸ਼ੈਤਾਨ ਨੇ ਵਿਗਾੜਿਆ ਹੋਇਆ ਹੈ, ਉਹ ਕਿਵੇਂ ('ਦੁਨੀ' ਵਲੋਂ) ਚਿੱਤ ਫੇਰ ਸਕਦੇ ਹਨ? ॥੧੫॥
58799	1378	ਫਰੀਦਾ ਥੀਉ ਪਵਾਹੀ ਦਭੁ॥	ਦੱਭੁ	Fareedhaa Thheeo Pavaahee Dhabh ||	Fareed, become the grass on the path,	ਹੇ ਫਰੀਦ! ਤੂੰ ਪਹੇ ਦੀ ਦੱਭ (ਵਰਗਾ) ਬਣ ਜਾ,
58800	1378	ਜੇ ਸਾਂਈ ਲੋੜਹਿ ਸਭੁ॥		Jae Saanee Lorrehi Sabh ||	If you long for the Lord of all.	ਜੇ ਤੂੰ ਮਾਲਕ (-ਪ੍ਰਭੂ) ਨੂੰ ਹਰ ਥਾਂ ਭਾਲਦਾ ਹੈਂ (ਭਾਵ, ਵੇਖਣਾ ਚਾਹੁੰਦਾ ਹੈਂ)।

58801	1378	ਇਕੁ ਛਿਜਹਿ ਬਿਆ ਲਤਾੜੀਅਹਿ॥	ਛਿੱਜ-ਹਿ, ਲਤਾੜੀ-ਅਹਿ	Eik Shhijehi Biaa Lathaarreeahi ||	One will cut you down, and another will trample you underfoot;	(ਦੱਭ ਦੇ) ਇਕ ਬੂਟੇ ਨੂੰ (ਲੋਕ) ਤੋੜਦੇ ਹਨ, ਤੇ ਕਈ ਹੋਰ ਬੂਟੇ (ਉਨ੍ਹਾਂ ਦੇ ਪੈਰਾਂ ਹੇਠ) ਲਤਾੜੇ ਜਾਂਦੇ ਹਨ।
58802	1378	ਤਾਂ ਸਾਈ ਦੈ ਦਰਿ ਵਾੜੀਅਹਿ॥੧੬॥	ਸਾਂਈਂ,ਵਾੜੀ-ਅਹਿ	Thaan Saaee Dhai Dhar Vaarreeahi ||16||	Then, you shall enter the Court of the Lord. ||16||	(ਜੇ ਤੂੰ ਇਹੋ ਜਿਹਾ ਸੁਭਾਉ ਬਣਾ ਲਏਂ) ਤਾਂ ਤੂੰ ਮਾਲਕ ਦੇ ਦਰ ਤੇ ਕਬੂਲ ਹੋਵੇਂਗਾ ॥੧੬॥
58803	1378	ਫਰੀਦਾ ਖਾਕੁ ਨ ਨਿੰਦੀਐ ਖਾਕੂ ਜੇਡੁ ਨ ਕੋਇ॥		Fareedhaa Khaak N Nindheeai Khaakoo Jaedd N Koe ||	Fareed, do not slander the dust; noting is as great as dust.	ਹੇ ਫਰੀਦ! ਮਿੱਟੀ ਨੂੰ ਮਾੜਾ ਨਹੀਂ ਆਖਣਾ ਚਾਹੀਦਾ, ਮਿੱਟੀ ਦੀ ਬਰਾਬਰੀ ਕੋਈ ਨਹੀਂ ਕਰ ਸਕਦਾ।
58804	1378	ਜੀਵਦਿਆ ਪੈਰਾ ਤਲੈ ਮੁਇਆ ਉਪਰਿ ਹੋਇ॥੧੭॥		Jeevadhiaa Pairaa Thalai Mueiaa Oupar Hoe ||17||	When we are alive, it is under our feet, and when we are dead, it is above us. ||17||	(ਮਨੁੱਖ ਦੇ) ਪੈਰਾਂ ਹੇਠ ਹੁੰਦੀ ਹੈ, (ਪਰ ਮਨੁੱਖ ਦੇ) ਮਰਿਆਂ ਉਸ ਦੇ ਉੱਤੇ ਹੋ ਜਾਂਦੀ ਹੈ, (ਇਸੇ ਤਰ੍ਹਾਂ 'ਗ਼ਰੀਬੀ-ਸੁਭਾਵ' ਦੀ ਰੀਸ ਨਹੀਂ ਹੋ ਸਕਦੀ, 'ਗ਼ਰੀਬੀ-ਸੁਭਾਵ' ਵਾਲਾ ਬੰਦਾ ਜ਼ਿੰਦਗੀ ਵਿਚ ਭਾਵੇਂ ਸਭ ਦੀ ਵਧੀਕੀ ਸਹਾਰਦਾ ਹੈ, ਪਰ ਮਨ ਨੂੰ ਮਾਰਨ ਕਰਕੇ ਆਤਮਕ ਅਵਸਥਾ ਵਿਚ ਉਹ ਸਭ ਤੋਂ ਉੱਚਾ ਹੁੰਦਾ ਹੈ) ॥੧੭॥

58805	1378	ਫਰੀਦਾ ਜਾ ਲਬੁ ਤਾ ਨੇਹੁ ਕਿਆ ਲਬੁ ਤ ਕੂੜਾ ਨੇਹੁ॥	ਲੱਬੁ ਲਾਲਚ	Fareedhaa Jaa Lab Thaa Naehu Kiaa Lab Th Koorraa Naehu ||	Fareed, when there is greed, what love can there be? When there is greed, love is false.	ਹੇ ਫਰੀਦ! ਜੇ (ਰੱਬ ਦੀ ਬੰਦਗੀ ਕਰਦਿਆਂ ਇਵਜ਼ਾਨੇ ਵਜੋਂ ਕੋਈ ਦੁਨੀਆ ਦਾ) ਲਾਲਚ ਹੈ, ਤਾਂ (ਰੱਬ ਨਾਲ) ਅਸਲ ਪਿਆਰ ਨਹੀਂ ਹੈ। (ਜਦ ਤਕ) ਲਾਲਚ ਹੈ, ਤਦ ਤਕ ਪਿਆਰ ਝੂਠਾ ਹੈ।
58806	1378	ਕਿਚਰੁ ਝਤਿ ਲਘਾਈਐ ਛਪਰਿ ਤੁਟੈ ਮੇਹੁ॥੧੮॥	ਕਿੱਚਰੁ,ਝੱਤਿ,ਛੱਪਰਿ	Kichar Jhath Laghaaeeai Shhapar Thuttai Maehu ||18||	How long can one remain in a thatched hut which leaks when it rains? ||18||	ਟੁੱਟੇ ਹੋਏ ਛੱਪਰ ਉਤੇ ਮੀਂਹ ਪੈਂਦਿਆਂ ਕਦ ਤਾਂਈ ਸਮਾ ਨਿਕਲ ਸਕੇਗਾ? (ਭਾਵ, ਜਦੋਂ ਦੁਨੀਆ ਵਾਲੀ ਗ਼ਰਜ਼ ਪੂਰੀ ਨਾ ਹੋਈ, ਪਿਆਰ ਟੁੱਟ ਜਾਏਗਾ) ॥੧੮॥
58807	1378	ਫਰੀਦਾ ਜੰਗਲੁ ਜੰਗਲੁ ਕਿਆ ਭਵਹਿ ਵਣਿ ਕੰਡਾ ਮੋੜੇਹਿ॥		Fareedhaa Jangal Jangal Kiaa Bhavehi Van Kanddaa Morraehi ||	Fareed, why do you wander from jungle to jungle, crashing through the thorny trees?	ਹੇ ਫਰੀਦ! ਹਰੇਕ ਜੰਗਲ ਨੂੰ ਗਾਹਣ ਦਾ ਕੀਹ ਲਾਭ ਹੈ? ਜੰਗਲ ਵਿਚ ਕੰਡੇ ਕਿਉਂ ਲਤਾੜਦਾ ਫਿਰਦਾ ਹੈਂ?
58808	1378	ਵਸੀ ਰਬੁ ਹਿਆਲੀਐ ਜੰਗਲੁ ਕਿਆ ਢੂਢੇਹਿ॥੧੯॥	(ਹਿਆਲੀਐ) ਹਿਰਦੇ ਅੰਦਰ	Vasee Rab Hiaaleeai Jangal Kiaa Dtoodtaehi ||19||	The Lord abides in the heart; why are you looking for Him in the jungle? ||19||	ਰੱਬ (ਤਾਂ ਤੇਰੇ) ਹਿਰਦੇ ਵਿਚ ਵੱਸਦਾ ਹੈ, ਜੰਗਲ ਨੂੰ ਭਾਲਣ ਦਾ ਕੀ ਫ਼ਾਇਦਾ? ॥੧੯॥

58809	1378	ਫਰੀਦਾ ਇਨੀ ਨਿਕੀ ਜੰਘੀਐ ਥਲ ਡੂੰਗਰ ਭਵਿਓਮ੍ਹਿ॥		Fareedhaa Einee Nikee Jangheeai Thhal Ddoongar Bhavioumih ||	Fareed, with these small legs, I crossed deserts and mountains.	ਹੇ ਫਰੀਦ! ਇਹਨਾਂ ਨਿੱਕੀਆਂ ਨਿੱਕੀਆਂ ਲੱਤਾਂ ਨਾਲ (ਜਵਾਨੀ ਵੇਲੇ) ਮੈਂ ਥਲ ਤੇ ਪਹਾੜ ਗਾਹ ਆਉਂਦਾ ਰਿਹਾ,
58810	1378	ਅਜੁ ਫਰੀਦੈ ਕੂਜੜਾ ਸੈ ਕੋਹਾਂ ਥੀਓਮਿ॥੨੦॥	ਕੂੱਜੜਾ ਲੋਟਾ। (ਥੀਓਮਿ) ਹੋ ਗਿਆ	Aj Fareedhai Koojarraa Sai Kohaan Thheeoum ||20||	But today, Fareed, my water jug seems hundreds of miles away. ||20||	ਪਰ ਅੱਜ (ਬੁਢੇਪੇ ਵਿਚ) ਮੈਨੂੰ ਫਰੀਦ ਨੂੰ (ਇਹ ਰਤਾ ਪਰੇ ਪਿਆ) ਲੋਟਾ ਸੈ ਕੋਹਾਂ ਤੇ ਹੋ ਗਿਆ ਹੈ (ਸੋ, ਬੰਦਗੀ ਦਾ ਵੇਲਾ ਭੀ ਜੁਆਨੀ ਹੀ ਹੈ ਜਦੋਂ ਸਰੀਰ ਕੰਮ ਦੇ ਸਕਦਾ ਹੈ) ॥੨੦॥
58811	1378	ਫਰੀਦਾ ਰਾਤੀ ਵਡੀਆਂ ਧੁਖਿ ਧੁਖਿ ਉਠਨਿ ਪਾਸ॥	ਰਾਤੀਂ,ਧੁਖਿ: ਪੋਲਾ ਬੋਲੋ	Fareedhaa Raathee Vaddeeaaan Dhhukh Dhhukh Outhan Paas ||	Fareed, the nights are long, and my sides are aching in pain.	ਹੇ ਫਰੀਦ! (ਸਿਆਲ ਦੀਆਂ) ਲੰਮੀਆਂ ਰਾਤਾਂ ਵਿਚ (ਸਉਂ ਸਉਂ ਕੇ) ਪਾਸੇ ਧੁਖ ਉੱਠਦੇ ਹਨ (ਇਸੇ ਤਰ੍ਹਾਂ ਪਰਾਈ ਆਸ ਤੱਕਦਿਆਂ ਸਮਾ ਮੁੱਕਦਾ ਨਹੀਂ, ਪਰਾਏ ਦਰ ਤੇ ਬੈਠਿਆਂ ਅੱਕ ਜਾਈਦਾ ਹੈ)।
58812	1379	ਧਿਗੁ ਤਿਨ੍ਹਾ ਦਾ ਜੀਵਿਆ ਜਿਨਾ ਵਿਡਾਣੀ ਆਸ॥੨੧॥		Dhhig Thinhaa Dhaa Jeeviaa Jinaa Viddaanee Aas ||21||	Cursed are the lives of those who place their hopes in others. ||21||	ਸੋ, ਜੋ ਲੋਕ ਦੂਜਿਆਂ ਦੀ ਆਸ ਤੱਕਦੇ ਹਨ ਉਹਨਾਂ ਦੇ ਜੀਉਣ ਨੂੰ ਫਿਟਕਾਰ ਹੈ, (ਆਸ ਇਕ ਰੱਬ ਦੀ ਰੱਖੋ) ॥੨੧॥

58813	1379	ਫਰੀਦਾ ਜੇ ਮੈ ਹੋਦਾ ਵਾਰਿਆ ਮਿਤਾ ਆਇੜਿਆਂ॥	(ਵਾਰਿਆ) ਵਰਜਿਆ	Fareedhaa Jae Mai Hodhaa Vaariaa Mithaa Aaeirriaaan ||	Fareed, if I had been there when my friend came, I would have made myself a sacrifice to him.	ਹੇ ਫਰੀਦ! ਜੇ ਮੈਂ ਆਏ ਸੱਜਣਾਂ ਤੋਂ ਕਦੇ ਕੁਝ ਲੁਕਾ ਰੱਖਾਂ,
58814	1379	ਹੇੜਾ ਜਲੈ ਮਜੀਠ ਜਿਉ ਉਪਰਿ ਅੰਗਾਰਾ॥੨੨॥		Haerraa Jalai Majeeth Jio Oupar Angaaraa ||22||	Now my flesh is burning red on the hot coals. ||22||	ਤਾਂ ਮੇਰਾ ਸਰੀਰ (ਇਉਂ) ਸੜਦਾ ਹੈ ਜਿਵੇਂ ਬਲਦੇ ਕੋਲਿਆਂ ਉੱਤੇ ਮਜੀਠ (ਭਾਵ, ਘਰ-ਆਏ ਕਿਸੇ ਅੱਭਿਆਗਤ ਦੀ ਸੇਵਾ ਕਰਨ ਤੋਂ ਜੇ ਕਦੇ ਮਨ ਖਿਸਕੇ ਤਾਂ ਜਿੰਦ ਨੂੰ ਬੜਾ ਦੁੱਖ ਪ੍ਰਤੀਤ ਹੁੰਦਾ ਹੈ) ॥੨੨॥
58815	1379	ਫਰੀਦਾ ਲੋੜੈ ਦਾਖ ਬਿਜਉਰੀਆਂ ਕਿਕਰਿ ਬੀਜੈ ਜਟੁ॥	(ਬਿ-ਜਉਰੀਆਂ) ਬਜ਼ਉਰ ਦੇਸਦੀਆਂ। ਕਿੱਕਰਿ। ਜੱਟੁ	Fareedhaa Lorrai Dhaakh Bijoureeaaan Kikar Beejai Jatt ||	Fareed, the farmer plants acacia trees, and wishes for grapes.	ਹੇ ਫਰੀਦ! (ਬੰਦਗੀ ਤੋਂ ਬਿਨਾ ਸੁਖੀ ਜੀਵਨ ਦੀ ਆਸ ਰੱਖਣ ਵਾਲਾ ਮਨੁੱਖ ਉਸ ਜੱਟ ਵਾਂਗ ਹੈ) ਜੋ ਜੱਟ ਕਿਕਰੀਆਂ ਬੀਜਦਾ ਹੈ ਪਰ (ਉਹਨਾਂ ਕਿਕਰੀਆਂ ਤੋਂ) ਬਿਜੌਰ ਦੇ ਇਲਾਕੇ ਦਾ ਛੋਟਾ ਅੰਗੂਰ (ਖਾਣਾ) ਚਾਹੁੰਦਾ ਹੈ,
58816	1379	ਹੰਢੈ ਉੰਨ ਕਤਾਇਦਾ ਪੈਧਾ ਲੋੜੈ ਪਟੁ॥੨੩॥	ਪੱਟੁ	Handtai Ounan Kathaaeidhaa Paidhhaa Lorrai Patt ||23||	He is spinning wool, but he wishes to wear silk. ||23||	(ਸਾਰੀ ਉਮਰ) ਉੱਨ ਕਤਾਂਦਾ ਫਿਰਦਾ ਹੈ, ਪਰ ਰੇਸ਼ਮ ਪਹਿਨਣਾ ਚਾਹੁੰਦਾ ਹੈ ॥੨੩॥

58817	1379	ਫਰੀਦਾ ਗਲੀਏ ਚਿਕੜੁ ਦੂਰਿ ਘਰੁ ਨਾਲਿ ਪਿਆਰੇ ਨੇਹੁ॥		Fareedhaa Galeeeae Chikarr Dhoor Ghar Naal Piaarae Naehu ||	Fareed, the path is muddy, and the house of my Beloved is so far away.	ਹੇ ਫਰੀਦ! (ਵਰਖਾ ਦੇ ਕਾਰਨ) ਗਲੀ ਵਿਚ ਚਿੱਕੜ ਹੈ, (ਇਥੋਂ ਪਿਆਰੇ ਦਾ) ਘਰ ਦੂਰ ਹੈ (ਪਰ) ਪਿਆਰੇ ਨਾਲ (ਮੇਰਾ) ਪਿਆਰ (ਬਹੁਤ) ਹੈ।
58818	1379	ਚਲਾ ਤ ਭਿਜੈ ਕੰਬਲੀ ਰਹਾਂ ਤ ਤੁਟੈ ਨੇਹੁ॥੨੪॥		Chalaa Th Bhijai Kanbalee Rehaan Th Thuttai Naehu ||24||	If I go out, my blanket will get soaked, but if I remain at home, then my heart will be broken. ||24||	ਜੇ ਮੈਂ (ਪਿਆਰੇ ਨੂੰ ਮਿਲਣ) ਜਾਵਾਂ ਤਾਂ ਮੇਰੀ ਕੰਬਲੀ ਭਿੱਜਦੀ ਹੈ, ਜੇ (ਵਰਖਾ ਤੇ ਚਿੱਕੜ ਤੋਂ ਡਰਦਾ) ਨਾਹ ਜਾਵਾਂ ਤਾਂ ਮੇਰਾ ਪਿਆਰ ਟੁੱਟਦਾ ਹੈ ॥੨੪॥
58819	1379	ਭਿਜਉ ਸਿਜਉ ਕੰਬਲੀ ਅਲਹ ਵਰਸਉ ਮੇਹੁ॥		Bhijo Sijo Kanbalee Aleh Varaso Maehu ||	My blanket is soaked, drenched with the downpour of the Lord's Rain.	(ਮੇਰੀ) ਕੰਬਲੀ ਬੇਸ਼ੱਕ ਚੰਗੀ ਤਰ੍ਹਾਂ ਭਿੱਜ ਜਾਏ, ਰੱਬ ਕਰੇ ਮੀਂਹ (ਭੀ) ਬੇਸ਼ੱਕ ਵਰ੍ਹਦਾ ਰਹੇ,
58820	1379	ਜਾਇ ਮਿਲਾ ਤਿਨਾ ਸਜਣਾ ਤੁਟਉ ਨਾਹੀ ਨੇਹੁ॥੨੫॥		Jaae Milaa Thinaa Sajanaa Thutto Naahee Naehu ||25||	I am going out to meet my Friend, so that my heart will not be broken. ||25||	(ਪਰ) ਮੈਂ ਉਨ੍ਹਾਂ ਸੱਜਣਾਂ ਨੂੰ ਜ਼ਰੂਰ ਮਿਲਾਂਗਾ, (ਤਾਕਿ ਕਿਤੇ) ਮੇਰਾ ਪਿਆਰ ਨ ਟੁੱਟ ਜਾਏ ॥੨੫॥
58821	1379	ਫਰੀਦਾ ਮੈ ਭੋਲਾਵਾ ਪਗ ਦਾ ਮਤੁ ਮੈਲੀ ਹੋਇ ਜਾਇ॥	ਪੱਗ	Fareedhaa Mai Bholaavaa Pag Dhaa Math Mailee Hoe Jaae ||	Fareed, I was worried that my turban might become dirty.	ਹੇ ਫਰੀਦ! ਮੈਨੂੰ (ਆਪਣੀ) ਪੱਗ ਦਾ ਫ਼ਿਕਰ (ਰਹਿੰਦਾ) ਹੈ (ਕਿ ਮਿੱਟੀ ਨਾਲ ਮੇਰੀ ਪੱਗ) ਕਿਤੇ ਮੈਲੀ ਨਾ ਹੋ ਜਾਏ,

58822	1379	ਗਹਿਲਾ ਰੂਹੁ ਨ ਜਾਣਈ ਸਿਰੁ ਭੀ ਮਿਟੀ ਖਾਇ॥੨੬॥		Gehilaa Roohu N Jaanee Sir Bhee Mittee Khaae ||26||	My thoughtless self did not realize that one day, dust will consume my head as well. ||26||	ਪਰ ਕਮਲੀ ਜਿੰਦ ਇਹ ਨਹੀਂ ਜਾਣਦੀ ਕਿ ਮਿੱਟੀ (ਤਾਂ) ਸਿਰ ਨੂੰ ਭੀ ਖਾ ਜਾਂਦੀ ਹੈ ॥੨੬॥
58823	1379	ਫਰੀਦਾ ਸਕਰ ਖੰਡੁ ਨਿਵਾਤ ਗੁੜੁ ਮਾਖਿਉ ਮਾਂਝਾ ਦੁਧੁ॥		Fareedhaa Sakar Khandd Nivaath Gurr Maakhio Maanjhaa Dhudhh ||	Fareed: sugar cane, candy, sugar, molasses, honey and buffalo's milk	ਹੇ ਫਰੀਦ! ਸ਼ੱਕਰ, ਖੰਡ, ਮਿਸਰੀ, ਗੁੜ, ਸ਼ਹਿਦ ਅਤੇ ਮਾਝਾ ਦੁੱਧ-
58824	1379	ਸਭੇ ਵਸਤੂ ਮਿਠੀਆਂ ਰਬ ਨ ਪੁਜਨਿ ਤੁਧੁ॥੨੭॥		Sabhae Vasathoo Mitheeaaan Rab N Pujan Thudhh ||27||	- all these things are sweet, but they are not equal to You. ||27||	ਇਹ ਸਾਰੀਆਂ ਚੀਜ਼ਾਂ ਮਿੱਠੀਆਂ ਹਨ। ਪਰ, ਹੇ ਰੱਬ! (ਮਿਠਾਸ ਵਿਚ ਇਹ ਚੀਜ਼ਾਂ) ਤੇਰੇ (ਨਾਮ ਦੀ ਮਿਠਾਸ) ਤਕ ਨਹੀਂ ਅੱਪੜ ਸਕਦੀਆਂ ॥੨੭॥
58825	1379	ਫਰੀਦਾ ਰੋਟੀ ਮੇਰੀ ਕਾਠ ਕੀ ਲਾਵਣੁ ਮੇਰੀ ਭੁਖ॥	ਭੁੱਖ (ਲਾਵਣੁ) ਲਾਹੁਣ ਲਈ। (ਕਾਠ) ਰੁੱਖੀ ਮਿੱਸੀ, ਫ਼ਲ ਪੱਤ੍ਰ ਆਦਿ। ਲਾਵਣੁ: ਪੋਲਾ ਬੋਲੋ	Fareedhaa Rottee Maeree Kaath Kee Laavan Maeree Bhukh ||	Fareed, my bread is made of wood, and hunger is my appetizer.	ਹੇ ਫਰੀਦ! (ਆਪਣੇ ਹੱਥਾਂ ਦੀ ਕਮਾਈ ਹੋਈ) ਮੇਰੀ ਰੁੱਖੀ-ਮਿੱਸੀ (ਭਾਵ, ਸਾਦਾ) ਰੋਟੀ ਹੈ, ਮੇਰੀ ਭੁੱਖ ਹੀ (ਇਸ ਰੋਟੀ ਦੇ ਨਾਲ) ਸਲੂਣਾ ਹੈ।
58826	1379	ਜਿਨਾ ਖਾਧੀ ਚੋਪੜੀ ਘਣੇ ਸਹਨਿਗੇ ਦੁਖ॥੨੮॥		Jinaa Khaadhhee Choparree Ghanae Sehanigae Dhukh ||28||	Those who eat buttered bread, will suffer in terrible pain. ||28||	ਜੇ ਲੋਕ ਚੰਗੀ-ਚੋਖੀ ਖਾਂਦੇ ਹਨ, ਉਹ ਬੜੇ ਕਸ਼ਟ ਸਹਿੰਦੇ ਹਨ (ਭਾਵ, ਆਪਣੀ ਕਮਾਈ ਦੀ ਸਾਦਾ ਰੋਟੀ ਚੰਗੀ ਹੈ, ਚਸਕੇ ਮਨੁੱਖ ਨੂੰ ਖ਼ੁਆਰ ਕਰਦੇ ਹਨ) ॥੨੮॥

58827	1379	ਰੁਖੀ ਸੁਖੀ ਖਾਇ ਕੈ ਠੰਢਾ ਪਾਣੀ ਪੀਉ॥	ਰੁੱਖੀ ਸੁੱਖੀ	Rukhee Sukhee Khaae Kai Thandtaa Paanee Peeo ||	Eat dry bread, and drink cold water.	ਹੇ ਫਰੀਦ! (ਆਪਣੀ ਕਮਾਈ ਦੀ) ਰੁੱਖੀ-ਸੁੱਖੀ ਹੀ ਖਾ ਕੇ ਠੰਢਾ ਪਾਣੀ ਪੀ ਲੈ।
58828	1379	ਫਰੀਦਾ ਦੇਖਿ ਪਰਾਈ ਚੋਪੜੀ ਨਾ ਤਰਸਾਏ ਜੀਉ॥੨੯॥		Fareedhaa Dhaekh Paraaee Choparree Naa Tharasaaeae Jeeo ||29||	Fareed, if you see someone else's buttered bread, do not envy him for it. ||29||	ਪਰ ਪਰਾਈ ਸੁਆਦਲੀ ਰੋਟੀ ਵੇਖ ਕੇ ਆਪਣਾ ਮਨ ਨਾਹ ਤਰਸਾਈਂ ॥੨੯॥
58829	1379	ਅਜੁ ਨ ਸੁਤੀ ਕੰਤ ਸਿਉ ਅੰਗੁ ਮੁੜੇ ਮੁੜਿ ਜਾਇ॥		Aj N Suthee Kanth Sio Ang Murrae Murr Jaae ||	This night, I did not sleep with my Husband Lord, and now my body is suffering in pain.	ਮੈਂ (ਤਾਂ ਕੇਵਲ) ਅੱਜ (ਹੀ) ਪਿਆਰੇ ਨਾਲ ਨਹੀਂ ਸੁੱਤੀ (ਭਾਵ, ਮੈਂ ਤਾਂ ਕੇਵਲ ਅੱਜ ਹੀ ਪਿਆਰੇ ਪਤੀ-ਪਰਮਾਤਮਾ ਵਿਚ ਲੀਨ ਨਹੀਂ ਹੋਈ, ਤੇ ਹੁਣ) ਇਉਂ ਹੈ ਜਿਵੇਂ ਮੇਰਾ ਸਰੀਰ ਟੁੱਟ ਰਿਹਾ ਹੈ।
58830	1379	ਜਾਇ ਪੁਛਹੁ ਡੋਹਾਗਣੀ ਤੁਮ ਕਿਉ ਰੈਣਿ ਵਿਹਾਇ॥੩੦॥		Jaae Pushhahu Ddohaaganee Thum Kio Rain Vihaae ||30||	Go and ask the deserted bride, how she passes her night. ||30||	ਜਾ ਕੇ ਛੁੱਟੜਾਂ (ਮੰਦ-ਭਾਗਣਾਂ) ਨੂੰ ਪੁੱਛੋ ਕਿ ਤੁਹਾਡੀ (ਸਦਾ ਹੀ) ਰਾਤ ਕਿਵੇਂ ਬੀਤਦੀ ਹੈ (ਭਾਵ, ਮੈਨੂੰ ਤਾਂ ਅੱਜ ਹੀ ਥੋੜਾ ਚਿਰ ਪ੍ਰਭੂ ਵਿਸਰਿਆ ਹੈ ਤੇ ਮੈਂ ਦੁਖੀ ਹਾਂ। ਜਿਨ੍ਹਾਂ ਕਦੇ ਭੀ ਉਸ ਨੂੰ ਯਾਦ ਨਹੀਂ ਕੀਤਾ, ਉਹਨਾਂ ਦੀ ਤਾਂ ਸਾਰੀ ਉਮਰ ਹੀ ਦੁਖੀ ਗੁਜ਼ਰਦੀ ਹੋਵੇਗੀ) ॥੩੦॥

58831	1379	ਸਾਹੁਰੈ ਢੋਈ ਨਾ ਲਹੈ ਪੇਈਐ ਨਾਹੀ ਥਾਉ॥		Saahurai Dtoee Naa Lehai Paeeeai Naahee Thhaao ||	She finds no place of rest in her father-in-law's home, and no place in her parents' home either.	ਉਸ ਇਸਤ੍ਰੀ ਨੂੰ ਨਾਹ ਸਹੁਰੇ ਘਰ ਤੇ ਨਾਹ ਹੀ ਪੇਕੇ ਘਰ ਕੋਈ ਥਾਂ ਕੋਈ ਆਸਰਾ ਮਿਲਦਾ ਹੈ,
58832	1379	ਪਿਰੁ ਵਾਤੜੀ ਨ ਪੁਛਈ ਧਨ ਸੋਹਾਗਣਿ ਨਾਉ॥੩੧॥		Pir Vaatharree N Pushhee Dhhan Sohaagan Naao ||31||	Her Husband Lord does not care for her; what sort of a blessed, happy soul-bride is she? ||31||	ਜਿਸ ਇਸਤ੍ਰੀ ਦੀ ਮਾੜੀ ਜਿਹੀ ਵਾਤ ਭੀ ਪਤੀ ਨਾਹ ਪੁੱਛੇ, ਉਹ ਆਪਣਾ ਨਾਮ ਬੇਸ਼ੱਕ ਸੁਹਾਗਣ ਰੱਖੀ ਰੱਖੇ (ਭਾਵ, ਪ੍ਰਭੂ ਦੀ ਯਾਦ ਤੋਂ ਖੁੰਝੇ ਹੋਏ ਜੀਵ ਲੋਕ ਪਰਲੋਕ ਦੋਹੀਂ ਥਾਈਂ ਖ਼ੁਆਰ ਹੁੰਦੇ ਹਨ, ਬਾਹਰੋਂ ਬੰਦਗੀ ਵਾਲਾ ਵੇਸ ਸਹੈਤਾ ਨਹੀਂ ਕਰ ਸਕਦਾ) ॥੩੧॥
58833	1379	ਸਾਹੁਰੈ ਪੇਈਐ ਕੰਤ ਕੀ ਕੰਤੁ ਅਗੰਮੁ ਅਥਾਹੁ॥		Saahurai Paeeeai Kanth Kee Kanth Aganm Athhaahu ||	In her father-in-law's home hereafter, and in her parents' home in this world, she belongs to her Husband Lord. Her Husband is Inaccessible and Unfathomable.	ਹੇ ਨਾਨਕ! ਸੋਹਾਗਣ (ਜੀਵ-ਇਸਤ੍ਰੀ) ਉਹੀ ਹੈ ਜੋ ਉਸ ਬੇ-ਪਰਵਾਹ ਪ੍ਰਭੂ ਨੂੰ ਪਿਆਰੀ ਲੱਗਦੀ ਹੈ,

58834	1379	ਨਾਨਕ ਸੋ ਸੋਹਾਗਣੀ ਜੁ ਭਾਵੈ ਬੇਪਰਵਾਹ॥੩੨॥		Naanak So Sohaaganee J Bhaavai Baeparavaah ||32||	O Nanak, she is the happy soul-bride, who is pleasing to her Carefree Lord. ||32||	ਜੋ ਇਸ ਲੋਕ ਤੇ ਪਰਲੋਕ ਵਿਚ ਉਸ ਖਸਮ ਦੀ ਬਣ ਕੇ ਰਹਿੰਦੀ ਹੈ। ਖਸਮ ਪਰਮਾਤਮਾ ਜੀਵਾਂ ਦੀ ਪਹੁੰਚ ਤੋਂ ਪਰੇ ਹੈ, ਤੇ ਬਹੁਤ ਡੂੰਘਾ ਹੈ (ਭਾਵ, ਉਹ ਇਤਨਾ ਜਿਗਰੇ ਵਾਲਾ ਹੈ ਕਿ ਭੁੱਲੜਾਂ ਉੱਤੇ ਭੀ ਗੁੱਸੇ ਨਹੀਂ ਹੁੰਦਾ) ॥੩੨॥
58835	1379	ਨਾਤੀ ਧੋਤੀ ਸੰਬਹੀ ਸੁਤੀ ਆਇ ਨਚਿੰਦੁ॥	ਸਜ ਧਜ ਕੇ (ਸੰਬਹੀ) ਫੱਬੀ। ਨ੍ਹਾਤੀ, ਨ-ਚਿੰਦੁ	Naathee Dhhothee Sanbehee Suthee Aae Nachindh ||	Bathing, washing and decorating herself, she comes and sleeps without anxiety.	(ਜੋ ਜੀਵ-ਇਸਤ੍ਰੀ) ਨ੍ਹਾ ਧੋ ਕੇ (ਪਤੀ ਮਿਲਣ ਦੀ ਆਸ ਵਿਚ) ਤਿਆਰ ਹੋ ਬੈਠੀ, (ਪਰ ਫਿਰ) ਬੇ-ਫ਼ਿਕਰ ਹੋ ਕੇ ਸਉਂ ਗਈ,
58836	1379	ਫਰੀਦਾ ਰਹੀ ਸੁ ਬੇੜੀ ਹਿੰਞੁ ਦੀ ਗਈ ਕਥੂਰੀ ਗੰਧੁ॥੩੩॥	(ਬੇੜੀ) ਵਲ੍ਹੀ	Fareedhaa Rehee S Baerree Hinn(g) Dhee Gee Kathhooree Gandhh ||33||	Fareed, she still smells like asafoetida; the fragrance of musk is gone. ||33||	ਹੇ ਫਰੀਦ! ਉਸ ਦੀ ਕਸਤੂਰੀ ਵਾਲੀ ਸੁਗੰਧੀ ਤਾਂ ਉੱਡ ਗਈ, ਉਹ ਹਿੰਞ ਦੀ (ਬੋ ਨਾਲ) ਭਰੀ ਰਹਿ ਗਈ (ਭਾਵ, ਜੇ ਬਾਹਰਲੇ ਧਾਰਮਿਕ ਸਾਧਨ ਕਰ ਲਏ, ਪਰ ਸਿਮਰਨ ਤੋਂ ਖੁੰਝੇ ਰਹੇ ਤਾਂ ਭਲੇ ਗੁਣ ਸਭ ਦੂਰ ਹੋ ਜਾਂਦੇ ਹਨ, ਤੇ ਪੱਲੇ ਅਉਗਣ ਹੀ ਰਹਿ ਜਾਂਦੇ ਹਨ) ॥੩੩॥
58837	1379	ਜੋਬਨ ਜਾਂਦੇ ਨਾ ਡਰਾਂ ਜੇ ਸਹ ਪ੍ਰੀਤਿ ਨ ਜਾਇ॥		Joban Jaandhae Naa Ddaraan Jae Seh Preeth N Jaae ||	I am not afraid of losing my youth, as long as I do not lose the Love of my Husband Lord.	ਜੇ ਖਸਮ (ਪ੍ਰਭੂ) ਨਾਲ ਮੇਰੀ ਪ੍ਰੀਤ ਨਾਹ ਟੁੱਟੇ ਤਾਂ ਮੈਨੂੰ ਜੁਆਨੀ ਦੇ (ਗੁਜ਼ਰ) ਜਾਣ ਦਾ ਡਰ ਨਹੀਂ ਹੈ।

58838	1379	ਫਰੀਦਾ ਕਿਤੀ ਜੋਬਨ ਪ੍ਰੀਤਿ ਬਿਨੁ ਸੁਕਿ ਗਏ ਕੁਮਲਾਇ॥੩੪॥		Fareedhaa Kithanaee Joban Preeth Bin Suk Geae Kumalaae ||34||	Fareed, so many youths, without His Love, have dried up and withered away. ||34||	ਹੇ ਫਰੀਦ! (ਪ੍ਰਭੂ ਦੀ) ਪ੍ਰੀਤ ਤੋਂ ਸੱਖਣੇ ਕਿਤਨੇ ਹੀ ਜੋਬਨ ਕੁਮਲਾ ਕੇ ਸੁੱਕ ਗਏ (ਭਾਵ, ਜੇ ਪ੍ਰਭੂ-ਚਰਨਾਂ ਨਾਲ ਪਿਆਰ ਨਹੀਂ ਬਣਿਆ ਤਾਂ ਮਨੁੱਖਾ ਜੀਵਨ ਦਾ ਜੋਬਨ ਵਿਅਰਥ ਹੀ ਗਿਆ) ॥੩੪॥
58839	1379	ਫਰੀਦਾ ਚਿੰਤ ਖਟੋਲਾ ਵਾਣੁ ਦੁਖੁ ਬਿਰਹਿ ਵਿਛਾਵਣ ਲੇਫੁ॥		Fareedhaa Chinth Khattolaa Vaan Dhukh Birehi Vishhaavan Laef ||	Fareed, anxiety is my bed, pain is my mattress, and the pain of separation is my blanket and quilt.	ਹੇ ਫਰੀਦ! (ਪ੍ਰਭੂ ਦੀ ਯਾਦ ਭੁਲਾ ਕੇ) ਚਿੰਤਾ (ਅਸਾਡੀ) ਨਿੱਕੀ ਜਿਹੀ ਮੰਜੀ (ਬਣੀ ਹੋਈ ਹੈ), ਦੁੱਖ (ਉਸ ਮੰਜੇ ਦਾ) ਵਾਣ ਹੈ ਅਤੇ ਵਿਛੋੜੇ ਦੇ ਕਾਰਣ (ਦੁੱਖ ਦੀ) ਤੁਲਾਈ ਤੇ ਲੇਫ਼ ਹੈ।
58840	1379	ਏਹੁ ਹਮਾਰਾ ਜੀਵਣਾ ਤੂ ਸਾਹਿਬ ਸਚੇ ਵੇਖੁ॥੩੫॥		Eaehu Hamaaraa Jeevanaa Thoo Saahib Sachae Vaekh ||35||	Behold, this is my life, O my True Lord and Master. ||35||	ਹੇ ਸੱਚੇ ਮਾਲਿਕ! ਵੇਖ, (ਤੈਥੋਂ ਵਿਛੁੜ ਕੇ) ਇਹ ਹੈ ਅਸਾਡਾ ਜੀਊਣ (ਦਾ ਹਾਲ) ॥੩੫॥
58841	1379	ਬਿਰਹਾ ਬਿਰਹਾ ਆਖੀਐ ਬਿਰਹਾ ਤੂ ਸੁਲਤਾਨੁ॥		Birehaa Birehaa Aakheeai Birehaa Thoo Sulathaan ||	Many talk of the pain and suffering of separation; O pain, you are the ruler of all.	ਹਰ ਕੋਈ ਆਖਦਾ ਹੈ (ਹਾਇ!) ਵਿਛੋੜਾ (ਬੁਰਾ) (ਹਾਇ!) ਵਿਛੋੜਾ (ਬੁਰਾ)। ਪਰ ਹੇ ਵਿਛੋੜੇ! ਤੂੰ ਪਾਤਸ਼ਾਹ ਹੈਂ (ਭਾਵ, ਤੈਨੂੰ ਮੈਂ ਸਲਾਮ ਕਰਦਾ ਹਾਂ, ਕਿਉਂਕਿ),

58842	1379	ਫਰੀਦਾ ਜਿਤੁ ਤਨਿ ਬਿਰਹੁ ਨ ਊਪਜੈ ਸੋ ਤਨੁ ਜਾਣੁ ਮਸਾਨੁ॥੩੬॥		Fareedhaa Jith Than Birahu N Oopajai So Than Jaan Masaan ||36||	Fareed, that body, within which love of the Lord does not well up - look upon that body as a cremation ground. ||36||	ਹੇ ਫਰੀਦ! ਜਿਸ ਸਰੀਰ ਵਿਚ ਵਿਛੋੜੇ ਦਾ ਸੱਲ ਨਹੀਂ ਪੈਦਾ ਹੁੰਦਾ (ਭਾਵ, ਜਿਸ ਮਨੁੱਖ ਨੂੰ ਕਦੇ ਇਹ ਚੋਭ ਨਹੀਂ ਵੱਜੀ ਕਿ ਮੈਂ ਪ੍ਰਭੂ ਤੋਂ ਵਿਛੁੜਿਆ ਹੋਇਆ ਹਾਂ) ਉਸ ਸਰੀਰ ਨੂੰ ਮਸਾਣ ਸਮਝੋ (ਭਾਵ, ਉਸ ਸਰੀਰ ਵਿਚ ਰਹਿਣ ਵਾਲੀ ਰੂਹ ਵਿਕਾਰਾਂ ਵਿਚ ਸੜ ਰਹੀ ਹੈ) ॥੩੬॥
58843	1379	ਫਰੀਦਾ ਏ ਵਿਸੁ ਗੰਦਲਾ ਧਰੀਆਂ ਖੰਡੁ ਲਿਵਾੜਿ॥	ਵਿਸੁ: ਪੋਲਾ ਬੋਲੋ	Fareedhaa Eae Vis Gandhalaa Dhhareeaaan Khandd Livaarr ||	Fareed, these are poisonous sprouts coated with sugar.	ਹੇ ਫਰੀਦ! ਇਹ ਦੁਨੀਆ ਦੇ ਪਦਾਰਥ (ਮਾਨੋ) ਜ਼ਹਿਰ-ਭਰੀਆਂ ਗੰਦਲਾਂ ਹਨ, ਜੋ ਖੰਡ ਨਾਲ ਗਲੇਫ਼ ਰੱਖੀਆਂ ਹਨ।
58844	1379	ਇਕਿ ਰਾਹੇਦੇ ਰਹਿ ਗਏ ਇਕਿ ਰਾਧੀ ਗਏ ਉਜਾੜਿ॥੩੭॥	(ਰਾਹੇਦੇ) ਬੀਜਦੇ। (ਰਾਧੀ) ਬੀਜੀ ਹੋਈ	Eik Raahaedhae Rehi Geae Eik Raadhhee Geae Oujaarr ||37||	Some die planting them, and some are ruined, harvesting and enjoying them. ||37||	ਇਹਨਾਂ ਗੰਦਲਾਂ ਨੂੰ ਕਈ ਬੀਜਦੇ ਹੀ ਮਰ ਗਏ ਤੇ, ਬੀਜੀਆਂ ਨੂੰ (ਵਿਚੇ ਹੀ) ਛੱਡ ਗਏ ॥੩੭॥
58845	1379	ਫਰੀਦਾ ਚਾਰਿ ਗਵਾਇਆ ਹੰਢਿ ਕੈ ਚਾਰਿ ਗਵਾਇਆ ਸੰਮਿ॥		Fareedhaa Chaar Gavaaeiaa Handt Kai Chaar Gavaaeiaa Sanm ||	Fareed, the hours of the day are lost wandering around, and the hours of the night are lost in sleep.	ਹੇ ਫਰੀਦ! (ਇਹਨਾਂ 'ਵਿਸੁ-ਗੰਦਲਾਂ' ਲਈ, ਦੁਨੀਆ ਦੇ ਇਹਨਾਂ ਪਦਾਰਥਾਂ ਲਈ) ਚਾਰ (ਪਹਿਰ ਦਿਨ) ਤੂੰ ਦੌੜ-ਭੱਜ ਕੇ ਵਿਅਰਥ ਗੁਜ਼ਾਰ ਦਿੱਤਾ ਹੈ, ਤੇ ਚਾਰ (ਪਹਿਰ ਰਾਤਿ) ਸਉਂ ਕੇ ਗਵਾ ਦਿੱਤੀ ਹੈ।

58846	1379	ਲੇਖਾ ਰਬੁ ਮੰਗੇਸੀਆ ਤੂ ਆਂਹੋ ਕੇਰ੍ਹੇ ਕੰਮਿ॥੩੮॥		Laekhaa Rab Mangaeseeaa Thoo Aaanho Kaerhae Kanm ||38||	God will call for your account, and ask you why you came into this world. ||38||	ਪਰਮਾਤਮਾ ਹਿਸਾਬ ਮੰਗੇਗਾ ਕਿ (ਜਗਤ ਵਿਚ) ਤੂੰ ਕਿਸ ਕੰਮ ਆਇਆ ਸੈਂ ॥੩੮॥
58847	1379	ਫਰੀਦਾ ਦਰਿ ਦਰਵਾਜੈ ਜਾਇ ਕੈ ਕਿਉ ਡਿਠੋ ਘੜੀਆਲੁ॥	ਘੜੀ-ਆਲੁ	Fareedhaa Dhar Dharavaajai Jaae Kai Kio Ddithо Gharreeaal ||	Fareed, you have gone to the Lord's Door. Have you seen the gong there?	ਹੇ ਫਰੀਦ! ਕੀ (ਕਿਸੇ) ਬੂਹੇ ਤੇ (ਕਿਸੇ) ਦਰਵਾਜ਼ੇ ਤੇ ਜਾ ਕੇ (ਕਦੇ) ਘੜੀਆਲ (ਵੱਜਦਾ) ਵੇਖਿਆ ਈ?
58848	1379	ਏਹੁ ਨਿਦੋਸਾਂ ਮਾਰੀਐ ਹਮ ਦੋਸਾਂ ਦਾ ਕਿਆ ਹਾਲੁ॥੩੯॥		Eaehu Nidhosaan Maareeai Ham Dhosaan Dhaa Kiaa Haal ||39||	This blameless object is being beaten - imagine what is in store for us sinners! ||39||	ਇਹ (ਘੜਿਆਲ) ਬੇ-ਦੋਸਾ (ਹੀ) ਮਾਰ ਖਾਂਦਾ ਹੈ, (ਭਲਾ) ਅਸਾਡਾ ਦੋਸੀਆਂ ਦਾ ਕੀਹ ਹਾਲ? ॥੩੯॥
58849	1379	ਘੜੀਏ ਘੜੀਏ ਮਾਰੀਐ ਪਹਰੀ ਲਹੈ ਸਜਾਇ॥		Gharreeae Gharreeae Maareeai Peharee Lehai Sajaae ||	Each and every hour, it is beaten; it is punished every day.	(ਘੜੀਆਲ ਨੂੰ) ਹਰੇਕ ਘੜੀ ਪਿਛੋਂ ਮਾਰ ਪੈਂਦੀ ਹੈ, ਹਰੇਕ ਪਹਿਰ ਮਗਰੋਂ (ਇਹ) ਕੁੱਟ ਖਾਂਦਾ ਹੈ।
58850	1379	ਸੋ ਹੇੜਾ ਘੜੀਆਲ ਜਿਉ ਡੁਖੀ ਰੈਣਿ ਵਿਹਾਇ॥੪੦॥	(ਹੇੜਾ) ਸ੍ਰੀਰ ਮਾਸ ਦਾ। ਡੁਖੀ: ਪੋਲਾ ਬੋਲੋ	So Haerraa Gharreeaal Jio Ddukhee Rain Vihaae ||40||	This beautiful body is like the gong; it passes the night in pain. ||40||	ਘੜੀਆਲ ਵਾਂਗ ਹੀ ਹੈ ਉਹ ਸਰੀਰ (ਜਿਸ ਨੇ 'ਵਿਸੁ ਗੰਦਲਾਂ' ਦੀ ਖ਼ਾਤਰ ਹੀ ਉਮਰ ਗੁਜ਼ਾਰ ਦਿੱਤੀ)। ਉਸ ਦੀ (ਜ਼ਿੰਦਗੀ-ਰੂਪ) ਰਾਤਿ ਦੁੱਖਾਂ ਵਿਚ ਹੀ ਬੀਤਦੀ ਹੈ ॥੪੦॥

58851	1380	ਬੁਢਾ ਹੋਆ ਸੇਖ ਫਰੀਦੁ ਕੰਬਣਿ ਲਗੀ ਦੇਹ॥		Budtaa Hoaa Saekh Fareedh Kanban Lagee Dhaeh ||	Shaykh Fareed has grown old, and his body has begun to tremble.	('ਵਿਸੁ ਗੰਦਲਾਂ' ਪਿੱਛੇ ਦੌੜ ਦੌੜ ਕੇ ਹੀ) ਸ਼ੇਖ਼ ਫਰੀਦ (ਹੁਣ) ਬੁੱਢਾ ਹੋ ਗਿਆ ਹੈ, ਸਰੀਰ ਕੰਬਣ ਲੱਗ ਪਿਆ ਹੈ।
58852	1380	ਜੇ ਸਉ ਵਰ੍ਹਿਆ ਜੀਵਣਾ ਭੀ ਤਨੁ ਹੋਸੀ ਖੇਹ॥੪੧॥		Jae So Varihaaa Jeevanaa Bhee Than Hosee Khaeh ||41||	Even if he could live for hundreds of years, his body will eventually turn to dust. ||41||	ਜੇ ਸਉ ਵਰ੍ਹੇ ਭੀ ਜੀਊਣਾ ਮਿਲ ਜਾਏ, ਤਾਂ ਭੀ (ਅੰਤ ਨੂੰ) ਸਰੀਰ ਮਿੱਟੀ ਹੋ ਜਾਇਗਾ (ਤੇ ਇਹਨਾਂ 'ਵਿਸੁ ਗੰਦਲਾਂ' ਤੋਂ ਸਾਥ ਟੁੱਟ ਜਾਇਗਾ) ॥੪੧॥
58853	1380	ਫਰੀਦਾ ਬਾਰਿ ਪਰਾਇਐ ਬੈਸਣਾ ਸਾਂਈ ਮੁਝੈ ਨ ਦੇਹਿ॥		Fareedhaa Baar Paraaeiai Baisanaa Saanee Mujhai N Dhaehi ||	Fareed begs, O Lord, do not make me sit at another's door.	ਹੇ ਫਰੀਦ! ਹੇ ਸਾਂਈਂ! (ਇਹਨਾਂ ਦੁਨੀਆ ਦੇ ਪਦਾਰਥਾਂ ਦੀ ਖ਼ਾਤਰ) ਮੈਨੂੰ ਪਰਾਏ ਬੂਹੇ ਤੇ ਬੈਠਣ ਨਾਹ ਦੇਈਂ।
58854	1380	ਜੇ ਤੂ ਏਵੈ ਰਖਸੀ ਜੀਉ ਸਰੀਰਹੁ ਲੇਹਿ॥੪੨॥		Jae Thoo Eaevai Rakhasee Jeeo Sareerahu Laehi ||42||	If this is the way you are going to keep me, then go ahead and take the life out of my body. ||42||	ਪਰ ਜੇ ਤੂੰ ਇਸੇ ਤਰ੍ਹਾਂ ਰੱਖਣਾ ਹੈ (ਭਾਵ, ਜੇ ਤੂੰ ਮੈਨੂੰ ਦੂਜਿਆਂ ਦਾ ਮੁਥਾਜ ਬਣਾਣਾ ਹੈ) ਤਾਂ ਮੇਰੇ ਸਰੀਰ ਵਿਚੋਂ ਜਿੰਦ ਕੱਢ ਲੈ ॥੪੨॥
58855	1380	ਕੰਧਿ ਕੁਹਾੜਾ ਸਿਰਿ ਘੜਾ ਵਣਿ ਕੈ ਸਰੁ ਲੋਹਾਰੁ॥		Kandhh Kuhaarraa Sir Gharraa Van Kai Sar Lohaar ||	With the axe on his shoulder, and a bucket on his head, the blacksmith is ready to cut down the tree.	ਮੋਢੇ ਉੱਤੇ ਕੁਹਾੜਾ ਤੇ ਸਿਰ ਉਤੇ ਘੜਾ (ਰੱਖੀ) ਲੋਹਾਰ ਜੰਗਲ ਵਿਚ ਬਾਦਸ਼ਾਹ (ਬਣਿਆ ਹੁੰਦਾ) ਹੈ (ਕਿਉਂਕਿ ਜਿਸ ਰੁੱਖ ਤੇ ਚਾਹੇ ਕੁਹਾੜਾ ਚਲਾ ਸਕਦਾ ਹੈ) (ਇਸੇ ਤਰ੍ਹਾਂ ਮਨੁੱਖ ਜਗਤ-ਰੂਪ ਜੰਗਲ ਵਿਚ ਸਰਦਾਰ ਹੈ)।

58856	1380	ਫਰੀਦਾ ਹਉ ਲੋੜੀ ਸਹੁ ਆਪਣਾ ਤੂ ਲੋੜਹਿ ਅੰਗਿਆਰ॥੪੩॥		Fareedhaa Ho Lorree Sahu Aapanaa Thoo Lorrehi Angiaar ||43||	Fareed, I long for my Lord; you long only for the charcoal. ||43||	ਹੇ ਫਰੀਦ! ਮੈਂ ਤਾਂ (ਇਸ ਜਗਤ-ਰੂਪ ਜੰਗਲ ਵਿਚ) ਆਪਣੇ ਮਾਲਕ-ਪ੍ਰਭੂ ਨੂੰ ਲੱਭ ਰਿਹਾ ਹਾਂ, ਤੇ, ਤੂੰ, (ਹੇ ਜੀਵ! ਲੋਹਾਰ ਵਾਂਗ) ਕੋਲੇ ਲੱਭ ਰਿਹਾ ਹੈਂ (ਭਾਵ, 'ਵਿਸੁ ਗੰਦਲਾਂ'-ਰੂਪ ਕੋਲੇ ਲੱਭਦਾ ਹੈਂ) ॥੪੩॥
58857	1380	ਫਰੀਦਾ ਇਕਨਾ ਆਟਾ ਅਗਲਾ ਇਕਨਾ ਨਾਹੀ ਲੋਣੁ॥		Fareedhaa Eikanaa Aattaa Agalaa Eikanaa Naahee Lon ||	Fareed, some have lots of flour, while others do not even have salt.	ਹੇ ਫਰੀਦ! ਕਈ ਬੰਦਿਆਂ ਪਾਸ ਆਟਾ ਬਹੁਤ ਹੈ ('ਵਿਸੁ ਗੰਦਲਾਂ' ਬਹੁਤ ਹਨ, ਦੁਨੀਆ ਦੇ ਪਦਾਰਥ ਬਹੁਤ ਹਨ), ਇਕਨਾਂ ਪਾਸ (ਇਤਨਾ ਭੀ) ਨਹੀਂ ਜਿਤਨਾ (ਆਟੇ ਵਿਚ) ਲੂਣ (ਪਾਈਦਾ) ਹੈ।
58858	1380	ਅਗੈ ਗਏ ਸਿੰਞਾਪਸਨਿ ਚੋਟਾਂ ਖਾਸੀ ਕਉਣੁ॥੪੪॥	ਸਿੰਞਾਪਸਨਿ, ਖਾਸੀ	Agai Geae Sinnjaapasan Chottaan Khaasee Koun ||44||	When they go beyond this world, it shall be seen, who will be punished. ||44||	(ਮਨੁੱਖੀ ਜੀਵਨ ਦੀ ਸਫਲਤਾ ਦਾ ਮਾਪ ਇਹ 'ਵਿਸੁ ਗੰਦਲਾਂ' ਨਹੀਂ), ਅੱਗੇ ਜਾ ਕੇ (ਅਮਲਾਂ ਉੱਤੇ) ਪਛਾਣ ਹੋਵੇਗੀ ਕਿ ਮਾਰ ਕਿਸ ਨੂੰ ਪੈਂਦੀ ਹੈ ॥੪੪॥
58859	1380	ਪਾਸਿ ਦਮਾਮੇ ਛਤੁ ਸਿਰਿ ਭੇਰੀ ਸਡੋ ਰਡ॥	ਸੱਡੋ,ਰੱਡ	Paas Dhamaamae Shhath Sir Bhaeree Saddo Radd ||	Drums were beaten in their honor, there were canopies above their heads, and bugles announced their coming.	(ਇਹਨਾਂ 'ਵਿਸੁ ਗੰਦਲਾਂ' ਦਾ ਕੀਹ ਮਾਣ?) (ਜਿਨ੍ਹਾਂ ਲੋਕਾਂ ਦੇ) ਪਾਸ ਧੌਂਸੇ (ਵੱਜਦੇ ਸਨ), ਸਿਰ ਉੱਤੇ ਛਤਰ (ਝੁਲਦੇ ਸਨ), ਤੂਤੀਆਂ (ਵੱਜਦੀਆਂ ਸਨ) ਉਸਤਤੀ ਦੇ ਛੰਦ (ਗਾਂਵੇ ਜਾਂਦੇ ਸਨ),

58860	1380	ਜਾਇ ਸੁਤੇ ਜੀਰਾਣ ਮਹਿ ਥੀਏ ਅਤੀਮਾ ਗਡ॥੪੫॥	(ਜੀਰਾਣ) ਉਜਾੜ। (ਅਤੀਮਾ) ਯਤੀਮ ਗ਼ੀਬ	Jaae Suthae Jeeraan Mehi Thheeeae Atheemaa Gadd ||45||	They have gone to sleep in the cemetary, buried like poor orphans. ||45||	ਉਹ ਭੀ ਆਖ਼ਰ ਮਸਾਣਾਂ ਵਿਚ ਜਾ ਸੁੱਤੇ, ਤੇ ਯਤੀਮਾਂ ਨਾਲ ਜਾ ਰਲੇ (ਭਾਵ, ਯਤੀਮਾਂ ਵਰਗੇ ਹੀ ਹੋ ਗਏ) ॥੪੫॥
58861	1380	ਫਰੀਦਾ ਕੋਠੇ ਮੰਡਪ ਮਾੜੀਆ ਉਸਾਰੇਦੇ ਭੀ ਗਏ॥		Fareedhaa Kothae Manddap Maarreeaa Ousaaraedhae Bhee Geae ||	Fareed, those who built houses, mansions and lofty buildings, are also gone.	ਹੇ ਫਰੀਦ! ('ਵਿਸੁ ਗੰਦਲਾਂ' ਦੇ ਵਪਾਰੀਆਂ ਵਲ ਤੱਕ!) ਘਰ ਮਹਲ ਮਾੜੀਆਂ ਉਸਾਰਨ ਵਾਲੇ ਭੀ (ਇਹਨਾਂ ਨੂੰ ਛੱਡ ਕੇ) ਚਲੇ ਗਏ।
58862	1380	ਕੂੜਾ ਸਉਦਾ ਕਰਿ ਗਏ ਗੋਰੀ ਆਇ ਪਏ॥੪੬॥	ਗੋਰੀਂ	Koorraa Soudhaa Kar Geae Goree Aae Peae ||46||	They made false deals, and were dropped into their graves. ||46||	ਉਹੋ ਹੀ ਸਉਦਾ ਕੀਤੋ ਨੇ, ਜੋ ਨਾਲ ਨਾਹ ਨਿਭਿਆ ਤੇ (ਅੰਤ ਖ਼ਾਲੀ ਹੱਥ) ਕਬਰੀਂ ਜਾ ਪਏ ॥੪੬॥
58863	1380	ਫਰੀਦਾ ਖਿੰਥੜਿ ਮੇਖਾ ਅਗਲੀਆ ਜਿੰਦੁ ਨ ਕਾਈ ਮੇਖ॥		Fareedhaa Khinthharr Maekhaa Agaleeaa Jindh N Kaaee Maekh ||	Fareed, there are many seams on the patched coat, but there are no seams on the soul.	ਹੇ ਫਰੀਦ! ਇਹ 'ਵਿਸੁ ਗੰਦਲਾਂ' ਤਾਂ ਕਿਤੇ ਰਹੀਆਂ, ਇਸ ਆਪਣੀ ਜਿੰਦ ਦੀ ਭੀ ਕੋਈ ਪਾਂਇਆਂ ਨਹੀਂ। (ਇਸ ਨਾਲੋਂ ਤਾਂ ਨਕਾਰੀ ਗੋਦੜੀ ਦਾ ਹੀ ਵਧੀਕ ਇਤਬਾਰ ਹੋ ਸਕਦਾ ਹੈ, ਕਿਉਂਕਿ) ਗੋਦੜੀ ਨੂੰ ਕਈ ਟਾਂਕੇ ਲੱਗੇ ਹੋਏ ਹਨ, ਪਰ ਜਿੰਦ ਨੂੰ ਇੱਕ ਭੀ ਟਾਂਕਾ ਨਹੀਂ (ਕੀਹ ਪਤਾ, ਕੇਹੜੇ ਵੇਲੇ ਸਰੀਰ ਨਾਲੋਂ ਵੱਖ ਹੋ ਜਾਏ?)

58864	1380	ਵਾਰੀ ਆਪੋ ਆਪਣੀ ਚਲੇ ਮਸਾਇਕ ਸੇਖ॥੪੭॥		Vaaree Aapo Aapanee Chalae Masaaeik Saekh ||47||	The shaykhs and their disciples have all departed, each in his own turn. ||47||	ਵੱਡੇ ਵੱਡੇ ਅਖਵਾਣ ਵਾਲੇ ਸ਼ੇਖ਼ ਆਦਿਕ ਸਭ ਆਪੋ ਆਪਣੀ ਵਾਰੀ ਇਥੋਂ ਤੁਰ ਗਏ ॥੪੭॥
58865	1380	ਫਰੀਦਾ ਦੁਹੁ ਦੀਵੀ ਬਲੰਦਿਆ ਮਲਕੁ ਬਹਿਠਾ ਆਇ॥	(ਦੁਹੁ) ਦੋਵੇਂ (ਦੀਵੀ) ਨੇਤ੍ਰਾਂ ਦੇ। (ਬਲੰਦਿਆ) ਦੇਖਦਿਆਂ। (ਮਲਕੁ) ਕਾਲ ਰੂਪ ਫ਼ਰਿਸ਼ਤਾ ਆ ਬੈਠਿਆ। ਦੀਵੀਂ। ਬਹਿ-ਠਾ	Fareedhaa Dhuhu Dheevee Balandhiaa Malak Behithaa Aae ||	Fareed, the two lamps are lit, but death has come anyway.	ਹੇ ਫਰੀਦ! ਇਹਨਾਂ ਦੋਹਾਂ ਅੱਖਾਂ ਦੇ ਸਾਹਮਣੇ (ਇਹਨਾਂ ਦੋਹਾਂ ਦੀਵਿਆਂ ਦੇ ਜਗਦਿਆਂ ਹੀ) ਮੌਤ ਦਾ ਫ਼ਰਿਸਤਾ (ਜਿਸ ਭੀ ਬੰਦੇ ਪਾਸ) ਆ ਬੈਠਾ,
58866	1380	ਗੜੁ ਲੀਤਾ ਘਟੁ ਲੁਟਿਆ ਦੀਵੜੇ ਗਇਆ ਬੁਝਾਇ॥੪੮॥	(ਘਟੁ) ਸ੍ਰੀਰ ਗੜ੍ਹ। ਘਟੁ, ਬੁਝਾਇ: ਪੋਲੇ ਬੋਲੋ	Garr Leethaa Ghatt Luttiaa Dheevarrae Gaeiaa Bujhaae ||48||	It has captured the fortress of the body, and plundered the home of the heart; it extinguishes the lamps and departs. ||48||	ਉਸ ਨੇ ਉਸ ਦੇ ਸਰੀਰ-ਰੂਪ ਕਿਲ੍ਹੇ ਉਤੇ ਕਬਜ਼ਾ ਕਰ ਲਿਆ, ਅੰਤਹਕਰਣ ਲੁੱਟ ਲਿਆ (ਭਾਵ, ਜਿੰਦ ਕਾਬੂ ਕਰ ਲਈ) ਤੇ (ਇਹ ਅੱਖਾਂ ਦੇ) ਦੀਵੇ ਬੁਝਾ ਗਿਆ ॥੪੮॥
58867	1380	ਫਰੀਦਾ ਵੇਖੁ ਕਪਾਹੈ ਜਿ ਥੀਆ ਜਿ ਸਿਰਿ ਥੀਆ ਤਿਲਾਹ॥	(ਤਿਲਾਹ) ਤਿਲਾਂ	Fareedhaa Vaekh Kapaahai J Thheeaa J Sir Thheeaa Thilaah ||	Fareed, look at what has happened to the cotton and the sesame seed,	ਹੇ ਫਰੀਦ! ਵੇਖ! ਜੋ ਹਾਲਤ ਕਪਾਹ ਦੀ ਹੁੰਦੀ ਹੈ (ਭਾਵ, ਵੇਲਣੇ ਵਿਚ ਵੇਲੀ ਜਾਂਦੀ ਹੈ), ਜੋ ਤਿਲਾਂ ਦੇ ਸਿਰ ਤੇ ਬੀਤਦੀ ਹੈ (ਕੋਹਲੂ ਵਿਚ ਪੀੜੇ ਜਾਂਦੇ ਹਨ),

58868	1380	ਕਮਾਦੈ ਅਰੁ ਕਾਗਦੈ ਕੁੰਨੇ ਕੋਇਲਿਆਹ॥	ਕੋਇਲਿ-ਆਹ	Kamaadhai Ar Kaagadhai Kunnae Koeiliaah ||	The sugar cane and paper, the clay pots and the charcoal.	ਜੋ ਕਮਾਦ, ਕਾਗਜ਼, ਮਿੱਟੀ ਦੀ ਹਾਂਡੀ ਅਤੇ ਕੋਲਿਆਂ ਨਾਲ ਵਰਤਦੀ ਹੈ,
58869	1380	ਮੰਦੇ ਅਮਲ ਕਰੇਦਿਆ ਏਹ ਸਜਾਇ ਤਿਨਾਹ॥੪੯॥		Mandhae Amal Karaedhiaa Eaeh Sajaae Thinaah ||49||	This is the punishment for those who do evil deeds. ||49||	ਇਹ ਸਜ਼ਾ ਉਹਨਾਂ ਲੋਕਾਂ ਨੂੰ ਮਿਲਦੀ ਹੈ ਜੋ (ਇਹਨਾਂ 'ਵਿਸੁ ਗੰਦਲਾਂ' ਦੀ ਖ਼ਾਤਰ) ਮੰਦੇ ਕੰਮ ਕਰਦੇ ਹਨ (ਭਾਵ, ਜਿਉਂ ਜਿਉਂ ਦੁਨੀਆਵੀ ਪਦਾਰਥਾਂ ਦੀ ਖ਼ਾਤਰ ਮੰਦੇ ਕੰਮ ਕਰਦੇ ਹਨ, ਤਿਉਂ ਤਿਉਂ ਬੜੇ ਦੁਖੀ ਹੁੰਦੇ ਹਨ ॥੪੯॥
58870	1380	ਫਰੀਦਾ ਕੰਨਿ ਮੁਸਲਾ ਸੂਫੁ ਗਲਿ ਦਿਲਿ ਕਾਤੀ ਗੁੜੁ ਵਾਤਿ॥	(ਕੰਨ੍ਹਿ) ਮੋਢੇ, ਨਮਾਜ਼ ਪੜ੍ਹਨ ਵਾਲਾ (ਮੁ-ਸੱਲਾ) ਆਸਣ, ਗਲਿ ਚ ਕਾਲ਼ੇ ਸੂਫ਼ੁ ਬਸਤ੍ਰ ਦੀ ਖ਼ਫ਼ਣੀ। ਦਿਲਿ ਚ ਜੀਵ ਹੱਤਿਆ, ਈਰਖਾ ਰੂਪ ਕਾਤੀ ਛੁਰੀ। (ਵਾਤਿ) ਮੂੰਹ ਚ ਗੁੜ ਵਾਂਗ ਮਿੱਠੀਆਂ ਗੱਲਾਂ ਹਨ।	Fareedhaa Kann Musalaa Soof Gal Dhil Kaathee Gurr Vaath ||	Fareed, you wear your prayer shawl on your shoulders and the robes of a Sufi; your words are sweet, but there is a dagger in your heart.	ਹੇ ਫਰੀਦ! (ਤੇਰੇ) ਮੋਢੇ ਉਤੇ ਮੁਸੱਲਾ ਹੈ, (ਤੂੰ) ਗਲ ਵਿਚ ਕਾਲੀ ਖ਼ਫ਼ਨੀ (ਪਾਈ ਹੋਈ ਹੈ), (ਤੇਰੇ) ਮੂੰਹ ਵਿਚ ਗੁੜ ਹੈ; (ਪਰ) ਦਿਲ ਵਿਚ ਕੈਂਚੀ ਹੈ (ਭਾਵ, ਬਾਹਰ ਲੋਕਾਂ ਨੂੰ ਵਿਖਾਲਣ ਲਈ ਫ਼ਕੀਰੀ ਵੇਸ ਹੈ, ਮੂੰਹੋਂ ਭੀ ਲੋਕਾਂ ਨਾਲ ਮਿੱਠਾ ਬੋਲਦਾ ਹੈਂ, ਪਰ ਦਿਲੋਂ 'ਵਿਸੁ ਗੰਦਲਾਂ' ਦੀ ਖ਼ਾਤਰ ਖੋਟਾ ਹੈਂ ਸੋ)
58871	1380	ਬਾਹਰਿ ਦਿਸੈ ਚਾਨਣਾ ਦਿਲਿ ਅੰਧਿਆਰੀ ਰਾਤਿ॥੫੦॥	ਬਾ-ਹਰਿ	Baahar Dhisai Chaananaa Dhil Andhhiaaree Raath ||50||	Outwardly, you look bright, but your heart is dark as night. ||50||	ਬਾਹਰ ਤਾਂ ਚਾਨਣ ਦਿੱਸ ਰਿਹਾ ਹੈ (ਪਰ) ਦਿਲ ਵਿਚ ਹਨੇਰੀ ਰਾਤ (ਵਾਪਰੀ ਹੋਈ) ਹੈ ॥੫੦॥

58872	1380	ਫਰੀਦਾ ਰਤੀ ਰਤੁ ਨ ਨਿਕਲੈ ਜੇ ਤਨੁ ਚੀਰੈ ਕੋਇ॥	ਰਤੀ:ਪੋਲਾ ਬੋਲੋ। (ਰਤੀ) ਥੋੜੇ ਮਾਤ੍ਰ।ਰਤੁ: ਪੋਲਾ ਬੋਲੋ। (ਰਤੁ) ਪ੍ਰੀਤ	Fareedhaa Rathee Rath N Nikalai Jae Than Cheerai Koe ||	Fareed, not even a drop of blood would issue forth, if someone cut my body.	ਹੇ ਫਰੀਦ! ਜੇ ਕੋਈ (ਰੱਬ ਦੇ ਪਿਆਰ ਵਿਚ ਰੰਗੇ ਹੋਏ ਦਾ) ਸਰੀਰ ਚੀਰੇ (ਤਾਂ ਉਸ ਵਿਚੋਂ) ਰਤਾ ਜਿਤਨਾ ਭੀ ਲਹੂ ਨਹੀਂ ਨਿਕਲਦਾ (ਪਰ, ਹੇ ਫਰੀਦ! ਤੂੰ ਤਾਂ ਮੁਸੱਲੇ ਤੇ ਖ਼ਫ਼ਨੀ ਆਦਿਕ ਨਾਲ ਨਿਰਾ ਬਾਹਰ ਦਾ ਹੀ ਖ਼ਿਆਲ ਰੱਖਿਆ ਹੋਇਆ ਹੈ)
58873	1380	ਜੋ ਤਨ ਰਤੇ ਰਬ ਸਿਉ ਤਿਨ ਤਨਿ ਰਤੁ ਨ ਹੋਇ॥੫੧॥	ਅਪਣੇ ਸ੍ਰੀਰ ਨਾਲ (ਰਤੁ) ਪ੍ਰੀਤ ਨਹੀਂ ਹੁੰਦੀ।ਰੱਤੇ: ਪੋਲਾ ਬੋਲੋ।	Jo Than Rathae Rab Sio Thin Than Rath N Hoe ||51||	Those bodies which are imbued with the Lord - those bodies contain no blood. ||51||	ਜੋ ਬੰਦੇ ਰੱਬ ਨਾਲ ਰੰਗੇ ਹੁੰਦੇ ਹਨ (ਭਾਵ, ਰੱਬ ਦੇ ਪਿਆਰ ਵਿਚ ਰੰਗੇ ਹੁੰਦੇ ਹਨ), ਉਹਨਾਂ ਦੇ ਸਰੀਰ ਵਿਚ ('ਵਿਸੁ ਗੰਦਲਾਂ' ਦਾ ਮੋਹ-ਰੂਪ) ਲਹੂ ਨਹੀਂ ਹੁੰਦਾ ॥੫੧॥
58874	1380	ਮਃ ੩॥		Ma 3 ||	Third Mehl:	
58875	1380	ਇਹੁ ਤਨੁ ਸਭੋ ਰਤੁ ਹੈ ਰਤੁ ਬਿਨੁ ਤੰਨੁ ਨ ਹੋਇ॥	ਰਤੁ: ਦੋਨੋ ਵਾਰ ਪੋਲਾ ਬੋਲੋ। (ਰਤੁ) ਪ੍ਰੀਤ	Eihu Than Sabho Rath Hai Rath Bin Thann N Hoe ||	This body is all blood; without blood, this body could not exist.	ਇਹ ਸਾਰਾ ਸਰੀਰ ਲਹੂ ਹੈ (ਭਾਵ, ਸਾਰੇ ਸਰੀਰ ਵਿਚ ਲਹੂ ਮੌਜੂਦ ਹੈ), ਲਹੂ ਤੋਂ ਬਿਨਾ ਸਰੀਰ ਰਹਿ ਨਹੀਂ ਸਕਦਾ (ਫਿਰ, ਸਰੀਰ ਨੂੰ ਚੀਰਿਆਂ, ਭਾਵ, ਸਰੀਰ ਦੀ ਪੜਤਾਲ ਕੀਤਿਆਂ, ਕੇਹੜਾ ਲਹੂ ਨਹੀਂ ਨਿਕਲਦਾ?)

58876	1380	ਜੋ ਸਹ ਰਤੇ ਆਪਣੇ ਤਿਤੁ ਤਨਿ ਲੋਭੁ ਰਤੁ ਨ ਹੋਇ॥	ਰੱਤੇ।ਰਤੁ: ਪੋਲਾ ਬੋਲੋ। (ਰਤੁ) ਪ੍ਰੀਤ	Jo Seh Rathae Aapanae Thith Than Lobh Rath N Hoe ||	Those who are imbued with their Lord, do not have the blood of greed in their bodies.	ਜੋ ਬੰਦੇ ਆਪਣੇ ਖਸਮ (ਪ੍ਰਭੂ ਦੇ ਪਿਆਰ) ਵਿਚ ਰੰਗੇ ਹੋਏ ਹਨ (ਉਹਨਾਂ ਦੇ) ਇਸ ਸਰੀਰ ਵਿਚ ਲਾਲਚ-ਰੂਪ ਲਹੂ ਨਹੀਂ ਹੁੰਦਾ।
58877	1380	ਭੈ ਪਇਐ ਤਨੁ ਖੀਣੁ ਹੋਇ ਲੋਭੁ ਰਤੁ ਵਿਚਹੁ ਜਾਇ॥	ਰਤੁ: ਪੋਲਾ ਬੋਲੋ। (ਰਤੁ) ਪ੍ਰੀਤ	Bhai Paeiai Than Kheen Hoe Lobh Rath Vichahu Jaae ||	When the Fear of God fills the body, it becomes thin; the blood of greed departs from within.	ਜੇ (ਪਰਮਾਤਮਾ ਦੇ) ਡਰ ਵਿਚ ਜੀਵੀਏ, ਤਾਂ ਸਰੀਰ (ਇਸ ਤਰ੍ਹਾਂ) ਲਿੱਸਾ ਹੋ ਜਾਂਦਾ ਹੈ (ਕਿ) ਇਸ ਵਿਚੋਂ ਲੋਭ-ਰੂਪ ਰੱਤ ਨਿਕਲ ਜਾਂਦੀ ਹੈ।
58878	1380	ਜਿਉ ਬੈਸੰਤਰਿ ਧਾਤੁ ਸੁਧੁ ਹੋਇ ਤਿਉ ਹਰਿ ਕਾ ਭਉ ਦੁਰਮਤਿ ਮੈਲੁ ਗਵਾਇ॥		Jio Baisanthar Dhhaath Sudhh Hoe Thio Har Kaa Bho Dhuramath Mail Gavaae ||	Just as metal is purified by fire, the Fear of God removes the filthy residues of evil-mindedness.	ਜਿਵੇਂ ਅੱਗ ਵਿਚ (ਪਾਇਆ ਸੋਨਾ ਆਦਿਕ) ਧਾਤ ਸਾਫ਼ ਹੋ ਜਾਂਦੀ ਹੈ; ਇਸੇ ਤਰ੍ਹਾਂ ਪਰਮਾਤਮਾ ਦਾ ਡਰ (ਮਨੁੱਖ ਦੀ) ਭੈੜੀ ਮੱਤ-ਰੂਪ ਮੈਲ ਨੂੰ ਕੱਟ ਦੇਂਦਾ ਹੈ।
58879	1380	ਨਾਨਕ ਤੇ ਜਨ ਸੋਹਣੇ ਜਿ ਰਤੇ ਹਰਿ ਰੰਗੁ ਲਾਇ॥੫੨॥	ਰੱਤੇ	Naanak Thae Jan Sohanae J Rathae Har Rang Laae ||52||	O Nanak, those humble beings are beautiful, who are imbued with the Lord's Love. ||52||	ਹੇ ਨਾਨਕ! ਉਹ ਬੰਦੇ ਸੋਹਣੇ ਹਨ ਜੋ ਪਰਮਾਤਮਾ ਨਾਲ ਨਿਹੁੰ ਲਾ ਕੇ (ਉਸ ਦੇ ਨਿਹੁੰ ਵਿਚ) ਰੰਗੇ ਹੋਏ ਹਨ ॥੫੨॥

58880	1380	ਫਰੀਦਾ ਸੋਈ ਸਰਵਰੁ ਢੂਢਿ ਲਹੁ ਜਿਥਹੁ ਲਭੀ ਵਥੁ॥	ਵੱਥੁ	Fareedhaa Soee Saravar Dtoodt Lahu Jithhahu Labhee Vathh ||	Fareed, seek that sacred pool, in which the genuine article is found.	ਹੇ ਫਰੀਦ! ਉਹੀ ਸੋਹਣਾ ਤਲਾਬ ਲੱਭ, ਜਿਸ ਵਿਚੋਂ (ਅਸਲ) ਚੀਜ਼ (ਨਾਮ-ਰੂਪ ਮੋਤੀ) ਮਿਲ ਪਏ,
58881	1380	ਛਪੜਿ ਢੂਢੈ ਕਿਆ ਹੋਵੈ ਚਿਕੜਿ ਡੁਬੈ ਹਥੁ॥੫੩॥		Shhaparr Dtoodtai Kiaa Hovai Chikarr Ddubai Hathh ||53||	Why do you bother to search in the pond? Your hand will only sink into the mud. ||53||	ਛੱਪੜ ਭਾਲਿਆਂ ਕੁਝ ਨਹੀਂ ਮਿਲਦਾ, (ਉਥੇ ਤਾਂ) ਚਿੱਕੜ ਵਿਚ (ਹੀ) ਹੱਥ ਡੁੱਬਦਾ ਹੈ ॥੫੩॥
58882	1380	ਫਰੀਦਾ ਨੰਢੀ ਕੰਤੁ ਨ ਰਾਵਿਓ ਵਡੀ ਥੀ ਮੁਈ ਆਸੁ॥	ਗ੍ਰੀਬੀ ਨਾਲ (ਨੰਢੀ) ਛੋਟੀ ਦਾਸੀ ਬਣ ਕੇ	Fareedhaa Nandtee Kanth N Raaviou Vaddee Thhee Mueeaas ||	Fareed, when she is young, she does not enjoy her Husband. When she grows up, she dies.	ਹੇ ਫਰੀਦ! ਜਿਸ ਜੁਆਨ (ਜੀਵ-) ਇਸਤ੍ਰੀ ਨੇ (ਪਰਮਾਤਮਾ-) ਪਤੀ ਨਾ ਮਾਣਿਆ (ਭਾਵ, ਜਿਸ ਜੀਵ ਨੇ ਜੁਆਨੀ ਵੇਲੇ ਰੱਬ ਨੂੰ ਨਾਹ ਸਿਮਰਿਆ), ਉਹ (ਜੀਵ-) ਇਸਤ੍ਰੀ ਜਦੋਂ ਬੁੱਢੀ ਹੋ ਕੇ ਮਰ ਗਈ,
58883	1380	ਧਨ ਕੂਕੇਂਦੀ ਗੋਰ ਮੇਂ ਤੈ ਸਹ ਨਾ ਮਿਲੀਆਸੁ॥੫੪॥	ਮਿਲੀ-ਆਸੁ	Dhhan Kookaenadhee Gor Maen Thai Seh Naa Mileeaas ||54||	Lying in the grave, the soul-bride cries, ""I did not meet You, my Lord.""||54||	ਤਾਂ (ਫਿਰ) ਕਬਰ ਵਿਚ ਤਰਲੇ ਲੈਂਦੀ ਹੈ (ਭਾਵ, ਮਰਨ ਪਿਛੋਂ ਜੀਵ ਪਛੁਤਾਂਦਾ ਹੈ) ਕਿ ਹੇ (ਪ੍ਰਭੂ-) ਪਤੀ! ਮੈਂ ਤੈਨੂੰ (ਵੇਲੇ-ਸਿਰ) ਨਾਹ ਮਿਲੀ ॥੫੪॥

58884	1380	ਫਰੀਦਾ ਸਿਰੁ ਪਲਿਆ ਦਾੜੀ ਪਲੀ ਮੁਛਾਂ ਭੀ ਪਲੀਆਂ॥	ਦਾੜੀ	Fareedhaa Sir Paliaa Dhaarree Palee Mushhaan Bhee Paleeaaan ||	Fareed, your hair has turned grey, your beard has turned grey, and your moustache has turned grey.	ਹੇ ਫਰੀਦ! ਸਿਰ ਚਿੱਟਾ ਹੋ ਗਿਆ ਹੈ, ਦਾੜ੍ਹੀ ਚਿੱਟੀ ਹੋ ਗਈ ਹੈ, ਮੁਛਾਂ ਭੀ ਚਿੱਟੀਆਂ ਹੋ ਗਈਆਂ ਹਨ।
58885	1380	ਰੇ ਮਨ ਗਹਿਲੇ ਬਾਵਲੇ ਮਾਣਹਿ ਕਿਆ ਰਲੀਆਂ॥੫੫॥		Rae Man Gehilae Baavalae Maanehi Kiaa Raleeaaan ||55||	O my thoughtless and insane mind, why are you indulging in pleasures? ||55||	ਹੇ ਗ਼ਾਫ਼ਿਲ ਤੇ ਕਮਲੇ ਮਨ! (ਅਜੇ ਭੀ ਤੂੰ ਦੁਨੀਆ ਦੀਆਂ ਹੀ) ਮੌਜਾਂ ਕਿਉਂ ਮਾਣ ਰਿਹਾ ਹੈਂ? ॥੫੫॥
58886	1380	ਫਰੀਦਾ ਕੋਠੇ ਧੁਕਣੁ ਕੇਤੜਾ ਪਿਰ ਨੀਦੜੀ ਨਿਵਾਰਿ॥		Fareedhaa Kothae Dhhukan Kaetharraa Pir Needharree Nivaar ||	Fareed, how long can you run on the rooftop? You are asleep to your Husband Lord - give it up!	ਹੇ ਫਰੀਦ! ਕੋਠੇ ਦੀ ਦੌੜ ਕਿਥੋਂ ਤਕ (ਭਾਵ, ਕੋਠੇ ਉਤੇ ਦੌੜ ਲੰਮੀ ਨਹੀਂ ਹੋ ਸਕਦੀ, ਇਸੇ ਤਰ੍ਹਾਂ ਰੱਬ ਵਲੋਂ ਗ਼ਾਫ਼ਿਲ ਭੀ ਕਦ ਤਕ ਰਹੇਂਗਾ? ਉਮਰ ਆਖ਼ਰ ਮੁੱਕ ਜਾਇਗੀ, ਸੋ) ਰੱਬ (ਵਾਲੇ ਪਾਸੇ) ਤੋਂ ਇਹ ਕੋਝੀ (ਗ਼ਫ਼ਲਤ ਦੀ) ਨੀਂਦ ਦੂਰ ਕਰ ਦੇਹ।
58887	1380	ਜੋ ਦਿਹ ਲਧੇ ਗਾਣਵੇ ਗਏ ਵਿਲਾੜਿ ਵਿਲਾੜਿ॥੫੬॥		Jo Dhih Ladhhae Gaanavae Geae Vilaarr Vilaarr ||56||	The days which were allotted to you are numbered, and they are passing, passing away. ||56||	(ਉਮਰ ਦੇ) ਜੋ ਗਿਣਵੇਂ ਦਿਨ ਮਿਲੇ ਹੋਏ ਹਨ ਉਹ ਛਾਲਾਂ ਮਾਰ ਮਾਰ ਕੇ ਮੁੱਕਦੇ ਜਾ ਰਹੇ ਹਨ ॥੫੬॥

58888	1380	ਫਰੀਦਾ ਕੋਠੇ ਮੰਡਪ ਮਾੜੀਆ ਏਤੁ ਨ ਲਾਏ ਚਿਤੁ॥		Fareedhaa Kothae Manddap Maarreeaa Eaeth N Laaeae Chith ||	Fareed, houses, mansions and balconies - do not attach your consciousness to these.	ਹੇ ਫਰੀਦ! (ਇਹ ਜੋ ਤੇਰੇ) ਘਰ ਤੇ ਮਹਲ-ਮਾੜੀਆਂ (ਹਨ, ਇਹਨਾਂ ਦੇ) ਇਸ (ਸਿਲਸਿਲੇ) ਵਿਚ ਚਿੱਤ ਨਾਹ ਜੋੜ।
58889	1380	ਮਿਟੀ ਪਈ ਅਤੋਲਵੀ ਕੋਇ ਨ ਹੋਸੀ ਮਿਤੁ॥੫੭॥		Mittee Pee Atholavee Koe N Hosee Mith ||57||	When these collapse into heaps of dust, none of them will be your friend. ||57||	(ਮਰਨ ਤੇ ਜਦੋਂ ਕਬਰ ਵਿਚ ਤੇਰੇ ਉੱਤੇ) ਅਤੋਲਵੀਂ ਮਿੱਟੀ ਪਏਗੀ ਤਦੋਂ (ਇਹਨਾਂ ਵਿਚੋਂ) ਕੋਈ ਭੀ ਸਾਥੀ ਨਹੀਂ ਬਣੇਗਾ ॥੫੭॥
58890	1380	ਫਰੀਦਾ ਮੰਡਪ ਮਾਲੁ ਨ ਲਾਇ ਮਰਗ ਸਤਾਣੀ ਚਿਤਿ ਧਰਿ॥	(ਮਰਗ) ਮੌਤ (ਸਤਾਣੀ) ਬਲ ਵਾਲੀ	Fareedhaa Manddap Maal N Laae Marag Sathaanee Chith Dhhar ||	Fareed, do not focus on mansions and wealth; center your consciousness on death, your powerful enemy.	ਹੇ ਫਰੀਦ! (ਨਿਰਾ) ਮਹਲ-ਮਾੜੀਆਂ ਤੇ ਧਨ ਨੂੰ ਚਿੱਤ ਵਿਚ ਨਾਹ ਟਿਕਾਈ ਰੱਖ, (ਸਭ ਤੋਂ) ਬਲੀ ਮੌਤ ਨੂੰ ਚਿੱਤ ਵਿਚ ਰੱਖ (ਚੇਤੇ ਰੱਖ)।
58891	1381	ਸਾਈ ਜਾਇ ਸਮ੍ਹਾਲਿ ਜਿਥੈ ਹੀ ਤਉ ਵੰਞਣਾ॥੫੮॥	(ਜਾਇ) ਜਗ੍ਹਾ (ਵੰਞਣਾ) ਜਾਣਾ। ਸਾਂਈਂ	Saaee Jaae Samhaal Jithhai Hee Tho Vannjanaa ||58||	Remember that place where you must go. ||58||	ਉਹ ਥਾਂ ਭੀ ਯਾਦ ਰੱਖ ਆਖ਼ਰ ਨੂੰ ਤੂੰ ਜਾਣਾ ਹੈ ॥੫੮॥
58892	1381	ਫਰੀਦਾ ਜਿਨ੍ਹੀ ਕੰਮੀ ਨਾਹਿ ਗੁਣ ਤੇ ਕੰਮੜੇ ਵਿਸਾਰਿ॥		Fareedhaa Jinhee Kanmee Naahi Gun Thae Kanmarrae Visaar ||	Fareed, those deeds which do not bring merit - forget about those deeds.	ਹੇ ਫਰੀਦ! ਉਹ ਕੋਝੇ ਕੰਮ ਛੱਡ ਦੇਹ, ਜਿਨ੍ਹਾਂ ਕੰਮਾਂ ਵਿਚ (ਜਿੰਦ ਵਾਸਤੇ ਕੋਈ) ਲਾਭ ਨਹੀਂ ਹੈ,

58893	1381	ਮਤੁ ਸਰਮਿੰਦਾ ਥੀਵਹੀ ਸਾਂਈ ਦੈ ਦਰਬਾਰਿ॥੫੯॥		Math Saramindhaa Thheevehee Saanee Dhai Dharabaar ||59||	Otherwise, you shall be put to shame, in the Court of the Lord. ||59||	ਮਤਾਂ ਖਸਮ (ਪਰਮਾਤਮਾ) ਦੇ ਦਰਬਾਰ ਵਿਚ ਸ਼ਰਮਿੰਦਾ ਹੋਣਾ ਪਏ ॥੫੯॥
58894	1381	ਫਰੀਦਾ ਸਾਹਿਬ ਦੀ ਕਰਿ ਚਾਕਰੀ ਦਿਲ ਦੀ ਲਾਹਿ ਭਰਾਂਦਿ॥	(ਭਰਾਂਦਿ) ਭ੍ਰਾਂਤੀ, ਭ੍ਰਮਣ, ਝੂਠੀ ਸਮਝ, ਭੁਲੇਖਾ, ਗੰਦੀ ਮੈਲ਼	Fareedhaa Saahib Dhee Kar Chaakaree Dhil Dhee Laahi Bharaandh ||	Fareed, work for your Lord and Master; dispel the doubts of your heart.	ਹੇ ਫਰੀਦ! (ਇਹਨਾਂ 'ਵਿਸੁ ਗੰਦਲਾਂ' ਦੀ ਖ਼ਾਤਰ ਆਪਣੇ) ਦਿਲ ਦੀ ਭਟਕਣਾ ਦੂਰ ਕਰ ਕੇ ਮਾਲਕ (-ਪ੍ਰਭੂ) ਦੀ ਬੰਦਗੀ ਕਰ।
58895	1381	ਦਰਵੇਸਾਂ ਨੋ ਲੋੜੀਐ ਰੁਖਾਂ ਦੀ ਜੀਰਾਂਦਿ॥੬੦॥	(ਜੀਰਾਂਦਿ) ਜਰਨ ਸ਼ਕਤੀ। ਰੁੱਖਾਂ	Dharavaesaan No Lorreeai Rukhaan Dhee Jeeraandh ||60||	The dervishes, the humble devotees, have the patient endurance of trees. ||60||	ਫ਼ਕੀਰਾਂ ਨੂੰ (ਤਾਂ) ਰੁੱਖਾਂ ਵਰਗਾ ਜਿਗਰਾ ਕਰਨਾ ਚਾਹੀਦਾ ਹੈ ॥੬੦॥
58896	1381	ਫਰੀਦਾ ਕਾਲੇ ਮੈਡੇ ਕਪੜੇ ਕਾਲਾ ਮੈਡਾ ਵੇਸੁ॥		Fareedhaa Kaalae Maiddae Kaparrae Kaalaa Maiddaa Vaes ||	Fareed, my clothes are black, and my outfit is black.	ਹੇ ਫਰੀਦ! (ਮੇਰੇ ਅੰਦਰ ਰੁੱਖਾਂ ਵਾਲੀ ਜੀਰਾਂਦ ਨਹੀਂ ਹੈ ਜੋ ਫ਼ਕੀਰ ਦੇ ਅੰਦਰ ਚਾਹੀਦੀ ਸੀ ਫ਼ਕੀਰਾਂ ਵਾਂਗ) ਮੇਰੇ ਕੱਪੜੇ (ਤਾਂ) ਕਾਲੇ ਹਨ, ਮੇਰਾ ਵੇਸ ਕਾਲਾ ਹੈ,
58897	1381	ਗੁਨਹੀ ਭਰਿਆ ਮੈ ਫਿਰਾ ਲੋਕੁ ਕਹੈ ਦਰਵੇਸੁ॥੬੧॥	ਗੁਨਹੀ:ਪੋਲਾ ਬੋਲੋ। (ਗੁਨਹੀ) ਔਗੁਣਾਂ ਦਾ	Gunehee Bhariaa Mai Firaa Lok Kehai Dharavaes ||61||	I wander around full of sins, and yet people call me a dervish - a holy man. ||61||	(ਪਰ 'ਵਿਸੁ ਗੰਦਲਾਂ' ਦੀ ਖ਼ਾਤਰ 'ਭਰਾਂਦਿ' ਦੇ ਕਾਰਨ) ਮੈਂ ਗੁਨਾਹਾਂ ਨਾਲ ਭਰਿਆ ਹੋਇਆ ਫਿਰਦਾ ਹਾਂ ਤੇ ਜਗਤ ਮੈਨੂੰ ਫ਼ਕੀਰ ਆਖਦਾ ਹੈ ॥੬੧॥

58898	1381	ਤਤੀ ਤੋਇ ਨ ਪਲਵੈ ਜੇ ਜਲਿ ਟੁਬੀ ਦੇਇ॥	(ਤੋਇ) ਜਲ। ਤੱਤੀ। ਦੇ-ਇ	Thathee Thoe N Palavai Jae Jal Ttubee Dhaee ||	The crop which is burnt will not bloom, even if it is soaked in water.	ਪਾਣੀ ਵਿਚ ਸੜੀ ਹੋਈ (ਖੇਤੀ ਫਿਰ) ਹਰੀ ਨਹੀਂ ਹੁੰਦੀ, ਭਾਵੇਂ (ਉਸ ਖੇਤੀ ਨੂੰ) ਪਾਣੀ ਵਿਚ (ਕੋਈ) ਡੋਬਾ ਦੇ ਦੇਵੇ।
58899	1381	ਫਰੀਦਾ ਜੋ ਡੋਹਾਗਣਿ ਰਬ ਦੀ ਝੂਰੇਦੀ ਝੂਰੇਇ॥੬੨॥		Fareedhaa Jo Ddohaagan Rab Dhee Jhooraedhee Jhooraee ||62||	Fareed, she who is forsaken by her Husband Lord, grieves and laments. ||62||	ਹੇ ਫਰੀਦ! (ਇਸੇ ਤਰ੍ਹਾਂ ਜੋ ਜੀਵ-ਇਸਤ੍ਰੀ ਆਪਣੇ ਵਲੋਂ ਰੱਬ ਦੇ ਰਾਹ ਤੇ ਤੁਰਦੀ ਹੋਈ ਭੀ) ਰੱਬ ਤੋਂ ਵਿਛੁੜੀ ਹੋਈ ਹੈ, ਉਹ ਸਦਾ ਹੀ ਦੁਖੀ ਹੁੰਦੀ ਹੈ, (ਭਾਵ, ਫ਼ਕੀਰੀ ਲਿਬਾਸ ਹੁੰਦਿਆਂ ਭੀ ਜੇ ਮਨ ਗੁਨਾਹਾਂ ਨਾਲ ਭਰਿਆ ਰਿਹਾ, ਦਰਵੇਸ਼ ਬਣ ਕੇ ਭੀ ਜੇ 'ਵਿਸ਼ੂ ਗੰਦਲਾਂ' ਦੀ ਖ਼ਾਤਰ ਮਨ ਵਿਚ 'ਭਰਾਂਦਿ' ਰਹੀ, ਸਤਸੰਗ ਵਿਚ ਰਹਿ ਕੇ ਭੀ ਜੇ ਮਨ ਸਹਸਿਆਂ ਵਿਚ ਰਿਹਾ, ਤਾਂ ਭਾਗਾਂ ਵਿਚ ਸਦਾ ਝੋਰਾ ਹੀ ਝੋਰਾ ਹੈ) ॥੬੨॥
58900	1381	ਜਾਂ ਕੁਆਰੀ ਤਾ ਚਾਉ ਵੀਵਾਹੀ ਤਾਂ ਮਾਮਲੇ॥		Jaan Kuaaree Thaa Chaao Veevaahee Thaan Maamalae ||	When she is a virgin, she is full of desire; but when she is married, then her troubles begin.	ਜਦੋਂ (ਲੜਕੀ) ਕੁਆਰੀ ਹੁੰਦੀ ਹੈ ਤਦੋਂ (ਉਸ ਨੂੰ ਵਿਆਹ ਦਾ) ਚਾਉ ਹੁੰਦਾ ਹੈ (ਪਰ ਜਦੋਂ) ਵਿਆਹੀ ਜਾਂਦੀ ਹੈ ਤਾਂ ਜੰਜਾਲ ਪੈ ਜਾਂਦੇ ਹਨ।

58901	1381	ਫਰੀਦਾ ਏਹੋ ਪਛੋਤਾਉ ਵਤਿ ਕੁਆਰੀ ਨ ਥੀਐ॥੬੩॥		Fareedhaa Eaeho Pashhothaao Vath Kuaaree N Thheeai ||63||	Fareed, she has this one regret, that she cannot be a virgin again. ||63||	ਹੇ ਫਰੀਦ! (ਉਸ ਵੇਲੇ) ਇਹੀ ਪਛੁਤਾਵਾ ਹੁੰਦਾ ਹੈ ਕਿ ਉਹ ਮੁੜ ਕੁਆਰੀ ਨਹੀਂ ਹੋ ਸਕਦੀ (ਭਾਵ, ਉਹ ਪਹਿਲਾ ਚਾਉ ਉਸ ਦੇ ਮਨ ਵਿਚ ਪੈਦਾ ਨਹੀਂ ਹੋ ਸਕਦਾ) ॥੬੩॥
58902	1381	ਕਲਰ ਕੇਰੀ ਛਪੜੀ ਆਇ ਉਲਥੇ ਹੰਝ॥	(ਕੇਰੀ) ਦੀ, (ਉ-ਲੱਥੇ) ਉੱਤਰੇ।ਕੱਲਰ। (ਹੰਝ) ਹੰਸ	Kalar Kaeree Shhaparree Aae Oulathhae Hanjh ||	The swans have landed in a small pond of salt water.	ਕੱਲਰ ਦੀ ਛੱਪਰੀ ਵਿਚ ਹੰਸ ਆ ਉਤਰਦੇ ਹਨ,
58903	1381	ਚਿੰਜੂ ਬੋੜਨ੍ਹਿ ਨਾ ਪੀਵਹਿ ਉਡਣ ਸੰਦੀ ਡੰਝ॥੬੪॥	ਨਾ ਚੁੰਜ ਡਬੋਂਦੇ ਹਨ ਤੇ ਨਾ ਹੀ ਪੀਂਦੇ ਹਨ	Chinjoo Borranih Naa Peevehi Ouddan Sandhee Ddanjh ||64||	They dip in their bills, but do not drink; they fly away, still thirsty. ||64||	(ਉਹ ਹੰਸ ਛੱਪੜੀ ਵਿਚ ਆਪਣੀ) ਚੁੰਝ ਡੋਬਦੇ ਹਨ, (ਪਰ, ਉਹ ਮੈਲਾ ਪਾਣੀ) ਨਹੀਂ ਪੀਂਦੇ, ਉਹਨਾਂ ਨੂੰ ਉਥੋਂ ਉੱਡ ਜਾਣ ਦੀ ਤਾਂਘ ਲੱਗੀ ਰਹਿੰਦੀ ਹੈ ॥੬੪॥
58904	1381	ਹੰਸੁ ਉਡਰਿ ਕੋਧ੍ਰੈ ਪਇਆ ਲੋਕੁ ਵਿਡਾਰਣਿ ਜਾਇ॥		Hans Ouddar Kodhhrai Paeiaa Lok Viddaaran Jaae ||	The swans fly away, and land in the fields of grain. The people go to chase them away.	ਹੰਸ ਉੱਡ ਕੇ ਕੋਧਰੇ ਦੀ ਪੈਲੀ ਵਿਚ ਜਾ ਬੈਠਾ ਤਾਂ ਦੁਨੀਆ ਦੇ ਬੰਦੇ ਉਸ ਨੂੰ ਉਡਾਣ ਜਾਂਦੇ ਹਨ।
58905	1381	ਗਹਿਲਾ ਲੋਕੁ ਨ ਜਾਣਦਾ ਹੰਸੁ ਨ ਕੋਧ੍ਰਾ ਖਾਇ॥੬੫॥		Gehilaa Lok N Jaanadhaa Hans N Kodhhraa Khaae ||65||	The thoughtless people do not know, that the swans do not eat the grain. ||65||	ਕਮਲੀ ਦੁਨੀਆ ਇਹ ਨਹੀਂ ਜਾਣਦੀ ਕਿ ਹੰਸ ਕੋਧਰਾ ਨਹੀਂ ਖਾਂਦਾ ॥੬੫॥

58906	1381	ਚਲਿ ਚਲਿ ਗਈਆਂ ਪੰਖੀਆਂ ਜਿਨ੍ਹੀ ਵਸਾਏ ਤਲ॥	ਚੱਕ੍ਰਵਰਤੀ ਪਾਤਿਸ਼ਾਹਾਂ ਰੂਪੀ ਪੰਖੀਆਂ ਪੰਛੀਆਂ ਦੀਆਂ ਡਾਰਾਂ। ਤਲ: ਪੋਲਾ ਬੋਲੋ। (ਤਲ) ਦੇਸ਼, ਜੰਗਲ। ਚੱਲਿ ਚੱਲਿ	Chal Chal Geeaaan Pankheeaaan Jinhee Vasaaeae Thal ||	The birds which lived in the pools have flown away and left.	ਹੇ ਫਰੀਦ! ਜਿਨ੍ਹਾਂ (ਜੀਵ-) ਪੰਛੀਆਂ ਦੀਆਂ ਡਾਰਾਂ ਨੇ ਇਸ (ਸੰਸਾਰ-) ਤਲਾਬ ਨੂੰ ਸੁਹਾਵਣਾ ਬਣਾਇਆ ਹੋਇਆ ਹੈ, ਉਹ ਆਪੋ ਆਪਣੀ ਵਾਰੀ (ਇਸ ਨੂੰ ਛੱਡ ਕੇ) ਟੁਰੀਆਂ ਜਾ ਰਹੀਆਂ ਹਨ।
58907	1381	ਫਰੀਦਾ ਸਰੁ ਭਰਿਆ ਭੀ ਚਲਸੀ ਥਕੇ ਕਵਲ ਇਕਲ॥੬੬॥	ਚੱਲਸੀ। ਥੱਕੇ। ਇ-ਕੱਲ	Fareedhaa Sar Bhariaa Bhee Chalasee Thhakae Kaval Eikal ||66||	Fareed, the overflowing pool shall also pass away, and only the lotus flowers shall remain. ||66||	(ਇਹ ਜਗਤ-) ਸਰੋਵਰ ਭੀ ਸੁੱਕ ਜਾਇਗਾ ਤੇ ਪਿੱਛੇ ਰਹੇ ਹੋਏ ਇਕੱਲੇ ਕਉਲ ਫੁਲ ਭੀ ਕੁਮਲਾ ਜਾਣਗੇ (ਭਾਵ, ਇਹ ਸ੍ਰਿਸ਼ਟੀ ਦੇ ਸੋਹਣੇ ਪਦਾਰਥ ਸਭ ਨਾਸ ਹੋ ਜਾਣਗੇ) ॥੬੬॥
58908	1381	ਫਰੀਦਾ ਇਟ ਸਿਰਾਣੈ ਭੁਇ ਸਵਣੁ ਕੀੜਾ ਲੜਿਓ ਮਾਸਿ॥		Fareedhaa Eitt Siraanae Bhue Savan Keerraa Larriou Maas ||	Fareed, a stone will be your pillow, and the earth will be your bed. The worms shall eat into your flesh.	ਹੇ ਫਰੀਦ! (ਜੀਵ-ਪੰਛੀਆਂ ਦੀਆਂ ਤੁਰੀਆਂ ਜਾ ਰਹੀਆਂ ਡਾਰਾਂ ਵਾਂਗ ਜਦੋਂ ਤੇਰੀ ਵਾਰੀ ਆਈ, ਤੇਰੇ ਭੀ) ਸਿਰ ਹੇਠ ਇੱਟ ਹੋਵੇਗੀ, ਧਰਤੀ ਵਿਚ (ਭਾਵ, ਤੂੰ ਕਬਰ ਵਿਚ) ਸੁੱਤਾ ਪਿਆ ਹੋਵੇਂਗਾ, (ਤੇ ਤੇਰੇ) ਪਿੰਡੇ ਵਿਚ ਕੀੜੇ ਤੁਰਦੇ ਹੋਣਗੇ।
58909	1381	ਕੇਤੜਿਆ ਜੁਗ ਵਾਪਰੇ ਇਕਤੁ ਪਇਆ ਪਾਸਿ॥੬੭॥	(ਵਾਪਰੇ) ਗੁਜ਼ਰ ਗਏ। ਜੁੱਗ	Kaetharriaa Jug Vaaparae Eikath Paeiaa Paas ||67||	Countless ages will pass, and you will still be lying on one side. ||67||	(ਇਸ ਤਰ੍ਹਾਂ) ਇੱਕੋ ਪਾਸੇ ਪਿਆਂ ਢੇਰ ਲੰਮਾ ਸਮਾਂ ਲੰਘ ਜਾਇਗਾ (ਤਦੋਂ ਤੈਨੂੰ ਕਿਸੇ ਜਗਾਣਾ ਨਹੀਂ, ਹੁਣ ਤਾਂ ਗ਼ਾਫ਼ਿਲ ਹੋ ਕੇ ਨਾ ਸਉਂ) ॥੬੭॥

58910	1381	ਫਰੀਦਾ ਭੰਨੀ ਘੜੀ ਸਵੰਨਵੀ ਟੁਟੀ ਨਾਗਰ ਲਜੁ॥	ਸ-ਵੰਨਵੀ।ਟੁੱਟੀ।ਲੱਜੁ	Fareedhaa Bhannee Gharree Savannavee Ttuttee Naagar Laj ||	Fareed, your beautiful body shall break apart, and the subtle thread of the breath shall be snapped.	ਹੇ ਫਰੀਦ! (ਵੇਖ, ਤੇਰੇ ਗੁਆਂਢ ਕਿਸ ਬੰਦੇ ਦਾ ਸਰੀਰ-ਰੂਪ) ਸੁੰਦਰ ਰੰਗ ਵਾਲਾ ਭਾਂਡਾ ਭੱਜ ਗਿਆ ਹੈ (ਅਤੇ ਸੁਆਸਾਂ ਦੀ) ਸੋਹਣੀ ਲੱਜ ਟੁੱਟ ਗਈ ਹੈ।
58911	1381	ਅਜਰਾਈਲੁ ਫਰੇਸਤਾ ਕੈ ਘਰਿ ਨਾਠੀ ਅਜੁ॥੬੮॥	(ਨੱਠੀ) ਪ੍ਰਾਹੁਣਾ। ਅੱਜੁ	Ajaraaeel Faraesathaa Kai Ghar Naathee Aj ||68||	In which house will the Messenger of Death be a guest today? ||68||	(ਵੇਖ,) ਅੱਜ ਕਿਸ ਦੇ ਘਰ (ਮੌਤ ਦਾ) ਫ਼ਰਿਸਤਾ ਅਜ਼ਰਾਈਲ ਪ੍ਰਾਹੁਣਾ ਹੈ? (ਭਾਵ, ਜੇ ਜੀਵ-ਪੰਛੀਆਂ ਦੀਆਂ ਡਾਰਾਂ ਵਿਚੋਂ ਨਿੱਤ ਤੇਰੇ ਸਾਹਮਣੇ ਕਿਸੇ ਨ ਕਿਸੇ ਦੀ ਇਥੋਂ ਤੁਰਨ ਦੀ ਵਾਰੀ ਆਈ ਰਹਿੰਦੀ ਹੈ, ਤਾਂ ਨੂੰ ਕਿਉਂ ਗ਼ਾਫ਼ਿਲ ਹੋ ਕੇ ਸੁੱਤਾ ਪਿਆ ਹੈਂ?) ॥੬੮॥
58912	1381	ਫਰੀਦਾ ਭੰਨੀ ਘੜੀ ਸਵੰਨਵੀ ਟੂਟੀ ਨਾਗਰ ਲਜੁ॥	(ਸਵੰਨਵੀ) ਸੋਨੇ ਰੰਗੀ। (ਘੜੀ) ਦੇਹ। (ਨੱਗਰ) ਚਤੁਰ। (ਲੱਜੁਉ) ਮਰ	Fareedhaa Bhannee Gharree Savannavee Ttoottee Naagar Laj ||	Fareed, your beautiful body shall break apart, and the subtle thread of the breath shall be snapped.	ਹੇ ਫਰੀਦ! (ਵੇਖ, ਕਿਸ ਦਾ ਸਰੀਰ-ਰੂਪ) ਸੋਹਣੇ ਰੰਗ ਵਾਲਾ ਭਾਂਡਾ ਭੱਜ ਗਿਆ ਹੈ (ਤੇ ਸੁਆਸਾਂ-ਰੂਪ) ਸੋਹਣੀ ਲੱਜ ਟੁੱਟ ਗਈ ਹੈ?
58913	1381	ਜੋ ਸਜਣ ਭੁਇ ਭਾਰੁ ਥੇ ਸੇ ਕਿਉ ਆਵਹਿ ਅਜੁ॥੬੯॥		Jo Sajan Bhue Bhaar Thhae Sae Kio Aavehi Aj ||69||	Those friends who were a burden on the earth - how can they come today? ||69||	ਜਿਹੜੇ ਭਰਾ (ਨਮਾਜ਼ ਵਲੋਂ ਗ਼ਾਫ਼ਿਲ ਹੋ ਕੇ) ਧਰਤੀ ਉਤੇ (ਨਿਰਾ) ਭਾਰ ਹੀ ਬਣੇ ਰਹੇ, ਉਹਨਾਂ ਨੂੰ ਮਨੁੱਖਾ ਜਨਮ ਵਾਲਾ ਇਹ ਸਮਾ ਫਿਰ ਨਹੀਂ ਮਿਲੇਗਾ ॥੬੯॥

58914	1381	ਫਰੀਦਾ ਬੇ ਨਿਵਾਜਾ ਕੁਤਿਆ ਏਹ ਨ ਭਲੀ ਰੀਤਿ॥		Fareedhaa Bae Nivaajaa Kuthiaa Eaeh N Bhalee Reeth ||	Fareed: O faithless dog, this is not a good way of life.	ਹੇ ਫਰੀਦ! ਜੋ ਬੰਦੇ ਨਿਮਾਜ਼ ਨਹੀਂ ਪੜ੍ਹਦੇ (ਭਾਵ, ਜੋ ਬੰਦਗੀ ਵਲੋਂ ਗ਼ਾਫ਼ਿਲ ਹਨ) ਉਹ ਕੁੱਤਿਆਂ (ਸਮਾਨ) ਹਨ, ਉਹਨਾਂ ਦਾ ਇਹ ਜੀਊਣ ਦਾ ਤਰੀਕਾ ਚੰਗਾ ਨਹੀਂ ਕਿਹਾ ਜਾ ਸਕਦਾ,
58915	1381	ਕਬ ਹੀ ਚਲਿ ਨ ਆਇਆ ਪੰਜੇ ਵਖਤ ਮਸੀਤਿ॥੭੦॥		Kabehee Chal N Aaeiaa Panjae Vakhath Maseeth ||70||	You never come to the mosque for your five daily prayers. ||70||	(ਕਿਉਂਕਿ ਉਹ) ਕਦੇ ਭੀ ਉੱਦਮ ਕਰ ਕੇ ਪੰਜੇ ਵੇਲੇ ਮਸੀਤ ਨਹੀਂ ਆਉਂਦੇ (ਭਾਵ, ਜੋ ਕਦੇ ਭੀ ਘੱਟ ਤੋਂ ਘੱਟ ਪੰਜ ਵੇਲੇ ਰੱਬ ਨੂੰ ਯਾਦ ਨਹੀਂ ਕਰਦੇ) ॥੭੦॥
58916	1381	ਉਠੁ ਫਰੀਦਾ ਉਜੂ ਸਾਜਿ ਸੁਬਹ ਨਿਵਾਜ ਗੁਜਾਰਿ॥	ਉਜੂ:ਪੋਲਾ ਬੋਲੋ।(ਉਜੂ) ਪੰਜ ਇਸ਼ਨਾਨਾ ਕਰਕੇ	Outh Fareedhaa Oujoo Saaj Subeh Nivaaj Gujaar ||	Rise up, Fareed, and cleanse yourself; chant your morning prayer.	ਹੇ ਫਰੀਦ! ਉੱਠ, ਮੂੰਹ ਹੱਥ ਧੋ, ਤੇ ਸਵੇਰ ਦੀ ਨਿਮਾਜ਼ ਪੜ੍ਹ।
58917	1381	ਜੋ ਸਿਰੁ ਸਾਂਈ ਨਾ ਨਿਵੈ ਸੋ ਸਿਰੁ ਕਪਿ ਉਤਾਰਿ॥੭੧॥	ਕੱਪਿ	Jo Sir Saanee Naa Nivai So Sir Kap Outhaar ||71||	The head which does not bow to the Lord - chop off and remove that head. ||71||	ਜੋ ਸਿਰ ਮਾਲਕ-ਰੱਬ ਅੱਗੇ ਨਹੀਂ ਨਿਊਂਦਾ, ਉਹ ਸਿਰ ਕੱਟ ਕੇ ਲਾਹ ਦੇਹ (ਭਾਵ, ਬੰਦਗੀਹੀਣ ਬੰਦੇ ਦਾ ਜੀਊਣਾ ਕਿਸ ਅਰਥ?) ॥੭੧॥
58918	1381	ਜੋ ਸਿਰੁ ਸਾਈ ਨਾ ਨਿਵੈ ਸੋ ਸਿਰੁ ਕੀਜੈ ਕਾਂਇ॥	ਸਾਂਈਂ	Jo Sir Saaee Naa Nivai So Sir Keejai Kaane ||	That head which does not bow to the Lord - what is to be done with that head?	ਜੋ ਸਿਰ (ਬੰਦਗੀ ਵਿਚ) ਮਾਲਕ-ਰੱਬ ਅੱਗੇ ਨਹੀਂ ਨਿਊਂਦਾ, ਉਸ ਸਿਰ ਦਾ ਕੋਈ ਲਾਭ ਨਹੀਂ।

58919	1381	ਕੁੰਨੇ ਹੇਠਿ ਜਲਾਈਐ ਬਾਲਣ ਸੰਦੈ ਥਾਇ॥੭੨॥		Kunnae Haeth Jalaaeeai Baalan Sandhai Thhaae ||72||	Put it in the fireplace, instead of firewood. ||72||	ਉਸ ਸਿਰ ਨੂੰ ਹਾਂਡੀ ਹੇਠ ਬਾਲਣ ਦੇ ਥਾਂ ਬਾਲ ਦੇਣਾ ਚਾਹੀਏ (ਭਾਵ, ਉਸ ਆਕੜੇ ਹੋਏ ਸਿਰ ਨੂੰ ਸੁੱਕੀ ਲੱਕੜੀ ਹੀ ਸਮਝੋ) ॥੭੨॥
58920	1381	ਫਰੀਦਾ ਕਿਥੈ ਤੈਡੇ ਮਾਪਿਆ ਜਿਨੀ ਤੂ ਜਣਿਓਹਿ॥	ਮਾਪਿਆ: ਬਿੰਦੀ ਨਹੀਂ ਲਾਉਣੀ	Fareedhaa Kithhai Thaiddae Maapiaa Jinhee Thoo Janiouhi ||	Fareed, where are your mother and father, who gave birth to you?	ਹੇ ਫਰੀਦ! (ਜੀਵ-ਪੰਛੀਆਂ ਦੀਆਂ ਤੁਰੀਆਂ ਜਾ ਰਹੀਆਂ ਹੋਰ ਡਾਰਾਂ ਦਾ ਜੇ ਤੈਨੂੰ ਖ਼ਿਆਲ ਨਹੀਂ ਆਉਂਦਾ, ਤਾਂ ਇਹੀ ਵੇਖ ਕਿ) ਤੇਰੇ (ਆਪਣੇ) ਮਾਪੇ ਕਿੱਥੇ ਹਨ, ਜਿਨ੍ਹਾਂ ਤੈਨੂੰ ਜੰਮਿਆ ਸੀ। ਉਹ ਤੇਰੇ ਮਾਪੇ ਤੇਰੇ ਪਾਸੋਂ ਕਦੇ ਦੇ ਚਲੇ ਗਏ ਹਨ।
58921	1381	ਤੈ ਪਾਸਹੁ ਓਇ ਲਦਿ ਗਏ ਤੂੰ ਅਜੈ ਨ ਪਤੀਣੋਹਿ॥੭੩॥		Thai Paasahu Oue Ladh Geae Thoon Ajai N Patheenohi ||73||	They have left you, but even so, you are not convinced that you shall also have to go. ||73||	ਤੈਨੂੰ ਅਜੇ ਭੀ ਯਕੀਨ ਨਹੀਂ ਆਇਆ (ਕਿ ਤੂੰ ਤਾਂ ਇਥੋਂ ਤੁਰ ਜਾਣਾ ਹੈ, ਇਸੇ ਕਰਕੇ ਰੱਬ ਦੀ ਬੰਦਗੀ ਵਲੋਂ ਗ਼ਾਫ਼ਿਲ ਪਿਆ ਹੈਂ) ॥੭੩॥
58922	1381	ਫਰੀਦਾ ਮਨੁ ਮੈਦਾਨੁ ਕਰਿ ਟੋਏ ਟਿਬੇ ਲਾਹਿ॥		Fareedhaa Man Maidhaan Kar Ttoeae Ttibae Laahi ||	Fareed, flatten out your mind; smooth out the hills and valleys.	ਹੇ ਫਰੀਦ! ਮਨ ਨੂੰ ਪੱਧਰਾ ਕਰ ਦੇਹ (ਅਤੇ ਇਸ ਦੇ) ਉੱਚੇ ਨੀਵੇਂ ਥਾਂ ਦੂਰ ਕਰ ਦੇਹ,

58923	1381	ਅਗੈ ਮੂਲਿ ਨ ਆਵਸੀ ਦੋਜਕ ਸੰਦੀ ਭਾਹਿ॥੭੪॥		Agai Mool N Aavasee Dhojak Sandhee Bhaahi ||74||	Hereafter, the fires of hell shall not even approach you. ||74||	(ਜੇ ਤੂੰ ਕਰ ਸਕੇਂ, ਤਾਂ) ਤੇਰੇ ਜੀਵਨ-ਸਫ਼ਰ ਵਿਚ ਦੋਜ਼ਕ ਦੀ ਅੱਗ ਬਿਲਕੁਲ ਨਹੀਂ ਆਵੇਗੀ, (ਭਾਵ, ਮਨ ਵਿਚ ਟੋਏ ਟਿੱਬੇ ਟਿਕੇ ਰਹਿਣ ਕਰਕੇ ਜੋ ਕਲੇਸ਼ ਮਨੁੱਖ ਨੂੰ ਵਾਪਰਦੇ ਹਨ, ਇਹਨਾਂ ਦੇ ਦੂਰ ਹੋਇਆਂ ਉਹ ਕਲੇਸ਼ ਭੀ ਮਿਟ ਜਾਣਗੇ) ॥੭੪॥
58924	1381	ਮਹਲਾ ੫॥		Mehalaa 5 ||	Fifth Mehl:	
58925	1381	ਫਰੀਦਾ ਖਾਲਕੁ ਖਲਕ ਮਹਿ ਖਲਕ ਵਸੈ ਰਬ ਮਾਹਿ॥		Fareedhaa Khaalak Khalak Mehi Khalak Vasai Rab Maahi ||	Fareed, the Creator is in the Creation, and the Creation abides in God.	ਹੇ ਫਰੀਦ! (ਖ਼ਲਕਤ ਪੈਦਾ ਕਰਨ ਵਾਲਾ) ਪਰਮਾਤਮਾ (ਸਾਰੀ) ਖ਼ਲਕਤ ਵਿਚ ਮੌਜੂਦ ਹੈ, ਅਤੇ ਖ਼ਲਕਤ ਪਰਮਾਤਮਾ ਵਿਚ ਵੱਸ ਰਹੀ ਹੈ।
58926	1381	ਮੰਦਾ ਕਿਸ ਨੋ ਆਖੀਐ ਜਾਂ ਤਿਸੁ ਬਿਨੁ ਕੋਈ ਨਾਹਿ॥੭੫॥		Mandhaa Kis No Aakheeai Jaan This Bin Koee Naahi ||75||	Whom can we call bad? There is none without Him. ||75||	ਜਦੋਂ (ਕਿਤੇ ਭੀ) ਉਸ ਪਰਮਾਤਮਾ ਤੋਂ ਬਿਨਾ ਹੋਰ ਦੂਜਾ ਨਹੀਂ ਹੈ, ਤਾਂ ਕਿਸ ਜੀਵ ਨੂੰ ਭੈੜਾ ਕਿਹਾ ਜਾਏ? (ਭਾਵ, ਕਿਸੇ ਮਨੁੱਖ ਨੂੰ ਮਾੜਾ ਨਹੀਂ ਕਿਹਾ ਜਾ ਸਕਦਾ) ॥੭੫॥
58927	1381	ਫਰੀਦਾ ਜਿ ਦਿਹਿ ਨਾਲਾ ਕਪਿਆ ਜੇ ਗਲੁ ਕਪਹਿ ਚੁਖ॥	(ਕੱਪਿਆ) ਕੱਟਿਆ। (ਚੁੱਖ) ਰੱਤੀ ਕੁ। ਗਲੁ: ਪੋਲਾ ਬੋਲੋ। ਕੱਪਹਿ	Fareedhaa J Dhihi Naalaa Kapiaa Jae Gal Kapehi Chukh ||	Fareed, if on that day when my umbilical cord was cut, my throat had been cut instead,	ਹੇ ਫਰੀਦ! (ਹੇ ਦਾਈ!) ਜਿਸ ਦਿਨ ਮੇਰਾ ਨਾੜੂ ਕੱਟਿਆ ਸੀ, ਜੇ ਰਤਾ ਕੁ ਮੇਰਾ ਗਲ ਵੱਢ ਦੇਂਦੀਓਂ,

58928	1381	ਪਵਨਿ ਨ ਇਤੀ ਮਾਮਲੇ ਸਹਾਂ ਨ ਇਤੀ ਦੁਖ॥੭੬॥	ਇਤੀ: ਪੋਲਾ ਬੋਲੋ	Pavan N Eithee Maamalae Sehaan N Eithee Dhukh ||76||	I would not have fallen into so many troubles, or undergone so many hardships. ||76||	ਤਾਂ (ਮਨ ਦੇ ਇਹਨਾਂ ਟੋਇਆਂ ਟਿੱਬਿਆਂ ਦੇ ਕਾਰਣ) ਨਾਹ ਇਤਨੇ ਝੰਬੇਲੇ ਪੈਂਦੇ ਅਤੇ ਨਾਹ ਹੀ ਮੈਂ ਇਤਨੇ ਦੁੱਖ ਸਹਾਰਦਾ ॥੭੬॥
58929	1381	ਚਬਣ ਚਲਣ ਰਤੰਨ ਸੇ ਸੁਣੀਅਰ ਬਹਿ ਗਏ॥	(ਚੱਬਣ) ਦੰਦ (ਚੱਲਣ) ਪੈਰ (ਰਤੰਨ) ਨੇਤ੍ਰ (ਸੁਣੀਅਰ) ਕੰਨ ਆਪਣੀਆਂ ਗੋਲਕਾਂ ਚ (ਬਹਿ) ਦੱਬ ਗਏ। ਰ-ਤੰਨ	Chaban Chalan Rathann Sae Suneear Behi Geae ||	My teeth, feet, eyes and ears have stopped working.	(ਕਿਸ ਮਾਣ ਤੇ ਦੂਜਿਆਂ ਨੂੰ ਮਾੜਾ ਆਖਣਾ ਹੋਇਆ? ਕਿਸ ਮਾਣ ਤੇ ਮਨ ਵਿਚ ਇਹ ਟੋਏ ਟਿੱਬੇ ਬਣਾਏ ਹੋਏ?) ਉਹ ਦੰਦ, ਲੱਤਾਂ, ਅੱਖਾਂ ਤੇ ਕੰਨ (ਜਿਨ੍ਹਾਂ ਦੇ ਮਾਣ ਦੇ ਇਹ ਟੋਏ ਟਿੱਬੇ ਬਣੇ ਸਨ) ਕੰਮ ਕਰਨੋਂ ਰਹਿ ਗਏ ਹਨ।
58930	1381	ਹੇੜੇ ਮੁਤੀ ਧਾਹ ਸੇ ਜਾਨੀ ਚਲਿ ਗਏ॥੭੭॥	(ਹੇੜੇ) ਸ੍ਰੀਰ ਨੇ (ਧਾਹ ਮੁੱਤੀ) ਛੱਡੀ ਮਾਰੀ। (ਜੱਾਨੀ) ਪਿਆਰੇ	Haerrae Muthee Dhhaah Sae Jaanee Chal Geae ||77||	My body cries out, ""Those whom I knew have left me!""||77||	(ਇਸ) ਸਰੀਰ ਨੇ ਢਾਹ ਮਾਰੀ ਹੈ (ਭਾਵ, ਇਹ ਆਪਣਾ ਹੀ ਸਰੀਰ ਹੁਣ ਦੁਖੀ ਹੋ ਰਿਹਾ ਹੈ, ਕਿ ਮੇਰੇ) ਉਹ ਮਿੱਤਰ ਤੁਰ ਗਏ ਹਨ (ਭਾਵ, ਕੰਮ ਦੇਣੋਂ ਰਹਿ ਗਏ ਹਨ, ਜਿਨ੍ਹਾਂ ਤੇ ਮੈਨੂੰ ਮਾਣ ਸੀ) ॥੭੭॥
58931	1381	ਫਰੀਦਾ ਬੁਰੇ ਦਾ ਭਲਾ ਕਰਿ ਗੁਸਾ ਮਨਿ ਨ ਹਢਾਇ॥	ਨ (ਹਢਾਇ) ਹੰਢਾ ਭਾਵ ਨ ਲਿਆ	Fareedhaa Burae Dhaa Bhalaa Kar Gusaa Man N Hadtaae ||	Fareed, answer evil with goodness; do not fill your mind with anger.	ਹੇ ਫਰੀਦ! ਬੁਰਾਈ ਕਰਨ ਵਾਲੇ ਨਾਲ ਭੀ ਭਲਾਈ ਕਰ। ਗੁੱਸਾ ਮਨ ਵਿਚ ਨਾਹ ਆਉਣ ਦੇਹ।

58932	1382	ਦੇਹੀ ਰੋਗੁ ਨ ਲਗਈ ਪਲੈ ਸਭੁ ਕਿਛੁ ਪਾਇ॥੭੮॥		Dhaehee Rog N Lagee Palai Sabh Kishh Paae ||78||	Your body shall not suffer from any disease, and you shall obtain everything. ||78||	(ਇਸ ਤਰ੍ਹਾਂ) ਸਰੀਰ ਨੂੰ ਕੋਈ ਰੋਗ ਨਹੀਂ ਲੱਗਦਾ ਅਤੇ ਹਰੇਕ ਪਦਾਰਥ (ਭਾਵ, ਚੰਗਾ ਗੁਣ) ਸਾਂਭਿਆ ਰਹਿੰਦਾ ਹੈ ॥੭੮॥
58933	1382	ਫਰੀਦਾ ਪੰਖ ਪਰਾਹੁਣੀ ਦੁਨੀ ਸੁਹਾਵਾ ਬਾਗੁ॥		Fareedhaa Pankh Paraahunee Dhunee Suhaavaa Baag ||	Fareed, the bird is a guest in this beautiful world-garden.	ਹੇ ਫਰੀਦ! ਇਹ ਦੁਨੀਆ (ਇਕ) ਸੋਹਣਾ ਬਾਗ਼ ਹੈ (ਇਥੇ ਮਨ ਵਿਚ 'ਟੋਏ ਟਿੱਬੇ' ਬਣਾਏ ਕਿਉਂ ਹੋਏ? ਇਥੇ ਤਾਂ ਸਾਰੇ ਜੀਵ-ਰੂਪ) ਪੰਛੀਆਂ ਦੀ ਡਾਰ ਪਰਾਹੁਣੀ ਹੈ।
58934	1382	ਨਉਬਤਿ ਵਜੀ ਸੁਬਹ ਸਿਉ ਚਲਣ ਕਾ ਕਰਿ ਸਾਜੁ॥੭੯॥		Noubath Vajee Subeh Sio Chalan Kaa Kar Saaj ||79||	The morning drums are beating - get ready to leave! ||79||	ਜਦੋਂ ਸਵੇਰ ਦਾ ਧੌਂਸਾ ਵੱਜਾ (ਸਭ ਨੇ ਜ਼ਿੰਦਗੀ ਦੀ ਰਾਤ ਕੱਟ ਕੇ ਤੁਰ ਜਾਣਾ ਹੈ)। (ਹੇ ਫਰੀਦ! ਇਹ 'ਟੋਏ ਟਿੱਬੇ' ਦੂਰ ਕਰ, ਤੇ ਤੂੰ ਭੀ) ਤੁਰਨ ਦੀ ਤਿਆਰੀ ਕਰ ॥੭੯॥
58935	1382	ਫਰੀਦਾ ਰਾਤਿ ਕਥੂਰੀ ਵੰਡੀਐ ਸੁਤਿਆ ਮਿਲੈ ਨ ਭਾਉ॥		Fareedhaa Raath Kathhooree Vanddeeai Suthiaa Milai N Bhaao ||	Fareed, musk is released at night. Those who are sleeping do not receive their share.	ਹੇ ਫਰੀਦ! (ਉਹ ਤਿਆਰੀ ਰਾਤ ਨੂੰ ਹੀ ਹੋ ਸਕਦੀ ਹੈ) ਰਾਤਿ (ਦੀ ਇਕਾਂਤ) ਵਿਚ ਕਸਤੂਰੀ ਵੰਡੀਦੀ ਹੈ (ਭਾਵ, ਰਾਤਿ ਦੀ ਇਕਾਂਤ ਵੇਲੇ ਭਜਨ ਦੀ ਸੁਗੰਧੀ ਪੈਦਾ ਹੁੰਦੀ ਹੈ), ਜੋ ਸੁੱਤੇ ਰਹਿਣ ਉਹਨਾਂ ਨੂੰ (ਇਸ ਵਿਚੋਂ) ਹਿੱਸਾ ਨਹੀਂ ਮਿਲਦਾ।

58936	1382	ਜਿੰਨ੍ਹਾ ਨੈਣ ਨੀਂਦ੍ਰਾਵਲੇ ਤਿੰਨ੍ਹਾ ਮਿਲਣੁ ਕੁਆਉ॥੮੦॥		Jinnhaa Nain Nanaeedhraavalae Thinnhaa Milan Kuaao ||80||	Those whose eyes are heavy with sleep - how can they receive it? ||80||	ਜਿਨ੍ਹਾਂ ਦੀਆਂ ਅੱਖਾਂ (ਸਾਰੀ ਰਾਤ) ਨੀਂਦ ਵਿਚ ਘੁੱਟੀਆਂ ਰਹਿਣ, ਉਹਨਾਂ ਨੂੰ (ਨਾਮ ਦੀ ਕਸਤੂਰੀ ਦੀ) ਪ੍ਰਾਪਤੀ ਕਿਵੇਂ ਹੋਵੇ? ॥੮੦॥
58937	1382	ਫਰੀਦਾ ਮੈ ਜਾਨਿਆ ਦੁਖੁ ਮੁਝ ਕੂ ਦੁਖੁ ਸਬਾਇਐ ਜਗਿ॥		Fareedhaa Mai Jaaniaa Dhukh Mujh Koo Dhukh Sabaaeiai Jag ||	Fareed, I thought that I was in trouble; the whole world is in trouble!	ਹੇ ਫਰੀਦ! ਮੈਂ (ਪਹਿਲਾਂ ਮਨ ਦੇ 'ਟੋਏ ਟਿੱਬੇ' ਤੋਂ ਪੈਦਾ ਹੋਏ ਦੁੱਖ ਵਿਚ ਘਾਬਰ ਕੇ ਇਹ) ਸਮਝਿਆ ਕਿ ਦੁੱਖ (ਸਿਰਫ਼) ਮੈਨੂੰ (ਹੀ) ਹੈ (ਸਿਰਫ਼ ਮੈਂ ਹੀ ਦੁਖੀ ਹਾਂ), (ਪਰ ਅਸਲ ਵਿਚ ਇਹ) ਦੁੱਖ ਤਾਂ ਸਾਰੇ (ਹੀ) ਜਗਤ ਵਿਚ (ਵਾਪਰ ਰਿਹਾ) ਹੈ।
58938	1382	ਊਚੇ ਚੜਿ ਕੈ ਦੇਖਿਆ ਤਾਂ ਘਰਿ ਘਰਿ ਏਹਾ ਅਗਿ॥੮੧॥	ਚੜ੍ਹਿ,ਅੱਗਿ	Oochae Charr Kai Dhaekhiaa Thaan Ghar Ghar Eaehaa Ag ||81||	When I climbed the hill and looked around, I saw this fire in each and every home. ||81||	ਜਦੋਂ ਮੈਂ (ਆਪਣੇ ਦੁੱਖ ਤੋਂ) ਉਚੇਰਾ ਹੋ ਕੇ (ਧਿਆਨ ਮਾਰਿਆ) ਤਾਂ ਮੈਂ ਵੇਖਿਆ ਕਿ ਹਰੇਕ ਘਰ ਵਿਚ ਇਹੀ ਅੱਗ (ਬਲ) ਰਹੀ ਹੈ (ਭਾਵ, ਹਰੇਕ ਜੀਵ ਦੁਖੀ ਹੈ) ॥੮੧॥
58939	1382	ਮਹਲਾ ੫॥		Mehalaa 5 ||	Fifth Mehl:	
58940	1382	ਫਰੀਦਾ ਭੂਮਿ ਰੰਗਾਵਲੀ ਮੰਝਿ ਵਿਸੂਲਾ ਬਾਗ॥		Fareedhaa Bhoom Rangaavalee Manjh Visoolaa Baag ||	Fareed, in the midst of this beautiful earth, there is a garden of thorns.	ਹੇ ਫਰੀਦ! (ਇਹ) ਧਰਤੀ (ਤਾਂ) ਸੁਹਾਵਣੀ ਹੈ, (ਪਰ ਮਨੁੱਖੀ ਮਨ ਦੇ ਟੋਏ ਟਿੱਬਿਆਂ ਦੇ ਕਾਰਨ ਇਸ) ਵਿਚ ਵਿਹੁਲਾ ਬਾਗ (ਲੱਗਾ ਹੋਇਆ) ਹੈ (ਜਿਸ ਵਿਚ ਦੁੱਖਾਂ ਦੀ ਅੱਗ ਬਲ ਰਹੀ ਹੈ)।

58941	1382	ਜੋ ਜਨ ਪੀਰਿ ਨਿਵਾਜਿਆ ਤਿੰਨ੍ਹਾ ਅੰਚ ਨ ਲਾਗ॥੮੨॥	ਔਗੁਣ ਪਾਪ ਦੁੱਖ ਦਾ (ਅਮਚ) ਸੇਕ	Jo Jan Peer Nivaajiaa Thinnhaa Anch N Laag ||82||	Those humble beings who are blessed by their spiritual teacher, do not suffer even a scratch. ||82||	ਜਿਸ ਵਿਚ ਮਨੁੱਖ ਨੂੰ ਸਤਿਗੁਰੂ ਨੇ ਉੱਚਾ ਕੀਤਾ ਹੈ, ਉਹਨਾਂ ਨੂੰ (ਦੁੱਖ-ਅਗਨਿ ਦਾ) ਸੇਕ ਨਹੀਂ ਲੱਗਦਾ ॥੮੨॥
58942	1382	ਮਹਲਾ ੫॥		Mehalaa 5 ||	Fifth Mehl:	
58943	1382	ਫਰੀਦਾ ਉਮਰ ਸੁਹਾਵੜੀ ਸੰਗਿ ਸੁਵੰਨੜੀ ਦੇਹ॥		Fareedhaa Oumar Suhaavarree Sang Suvannarree Dhaeh ||	Fareed, life is blessed and beautiful, along with the beautiful body.	ਹੇ ਫਰੀਦ! (ਉਹਨਾਂ ਬੰਦਿਆਂ ਦੀ) ਜ਼ਿੰਦਗੀ ਸੌਖੀ ਹੈ ਅਤੇ ਸਰੀਰ ਭੀ ਸੋਹਣੇ ਰੰਗ ਵਾਲਾ (ਭਾਵ, ਰੋਗ-ਰਹਿਤ) ਹੈ,
58944	1382	ਵਿਰਲੇ ਕੇਈ ਪਾਈਅਨਿ ਜਿੰਨ੍ਹਾ ਪਿਆਰੇ ਨੇਹ॥੮੩॥		Viralae Kaeee Paaeean Jinnhaa Piaarae Naeh ||83||	Only a rare few are found, who love their Beloved Lord. ||83||	ਜਿਨ੍ਹਾਂ ਦਾ ਪਿਆਰ ਪਿਆਰੇ ਪਰਮਾਤਮਾ ਨਾਲ ਹੈ, ('ਵਿਸੂਲਾ ਬਾਗ' ਤੇ 'ਦੁਖ-ਅਗਨੀ' ਉਹਨਾਂ ਨੂੰ ਛੂੰਹਦੇ ਨਹੀਂ, ਪਰ ਅਜੇਹੇ ਬੰਦੇ) ਕੋਈ ਵਿਰਲੇ ਹੀ ਮਿਲਦੇ ਹਨ ॥੮੩॥
58945	1382	ਕੰਧੀ ਵਹਣ ਨ ਢਾਹਿ ਤਉ ਭੀ ਲੇਖਾ ਦੇਵਣਾ॥		Kandhhee Vehan N Dtaahi Tho Bhee Laekhaa Dhaevanaa ||	O river, do not destroy your banks; you too will be asked to give your account.	ਦੁੱਖਾਂ ਹੇਠ ਨੱਪਿਆ ਹੋਇਆ ਜੀਵ 'ਦੁੱਖ' ਅੱਗੇ ਤਰਲੇ ਲੈ ਕੇ ਆਖਦਾ ਹੈ ਕਿ) ਹੇ (ਦੁੱਖਾਂ ਦੇ) ਵਹਣ! (ਮੈਨੂੰ) ਕੰਧੀ (-ਰੁੱਖੜੇ) ਨੂੰ ਨਾਹ ਢਾਹ (ਭਾਵ, ਮੈਨੂੰ ਦੁਖੀ ਨਾਹ ਕਰ), ਤੈਨੂੰ ਭੀ (ਆਪਣੇ ਕੀਤੇ ਦਾ) ਹਿਸਾਬ ਦੇਣਾ ਪਏਗਾ।

58946	1382	ਜਿਧਰਿ ਰਬ ਰਜਾਇ ਵਹਣੁ ਤਿਦਾਊ ਗੰਉ ਕਰੇ॥੮੪॥		Jidhhar Rab Rajaae Vehan Thidhaaoo Gano Karae ||84||	The river flows in whatever direction the Lord orders. ||84||	(ਦੁਖੀ ਮਨੁੱਖ ਨੂੰ ਇਹ ਸਮਝ ਨਹੀਂ ਰਹਿੰਦੀ ਕਿ) ਦੁੱਖਾਂ ਦਾ ਹੜ੍ਹ ਉਸੇ ਪਾਸੇ ਹੀ ਢਾਹ ਲਾਂਦਾ ਹੈ, ਜਿਸ ਪਾਸੇ ਰੱਬ ਦੀ ਮਰਜ਼ੀ ਹੁੰਦੀ ਹੈ (ਭਾਵ, ਰੱਬ ਦੀ ਰਜ਼ਾ-ਅਨੁਸਾਰ ਰੱਬ ਤੋਂ ਵਿਛੁੜੇ ਹੋਏ ਬੰਦੇ ਆਪਣੇ ਕੀਤੇ ਮੰਦੇ ਕਰਮਾਂ ਦੇ ਅਧੀਨ ਦੁੱਖਾਂ ਦਾ ਹੜ੍ਹ ਉਸ ਨੂੰ ਆ ਰੋੜ੍ਹਦਾ ਹੈ) ॥੮੪॥
58947	1382	ਫਰੀਦਾ ਡੁਖਾ ਸੇਤੀ ਦਿਹੁ ਗਇਆ ਸੂਲਾਂ ਸੇਤੀ ਰਾਤਿ॥	ਡੁੱਖਾਂ	Fareedhaa Ddukhaa Saethee Dhihu Gaeiaa Soolaan Saethee Raath ||	Fareed, the day passes painfully; the night is spent in anguish.	ਹੇ ਫਰੀਦ! (ਮਨ ਵਿਚ ਬਣੇ 'ਟੋਏ ਟਿਬੇ' ਦੇ ਕਾਰਨ ਦੁੱਖਾਂ ਦੀ ਨਦੀ ਵਿਚ ਰੁੜ੍ਹੇ ਜਾਂਦੇ ਜੀਵਾਂ ਦਾ) ਦਿਨ ਦੁੱਖਾਂ ਵਿਚ ਲੰਘਦਾ ਹੈ, ਰਾਤ ਭੀ (ਚਿੰਤਾ ਦੀਆਂ) ਚੋਭਾਂ ਵਿਚ ਬੀਤਦੀ ਹੈ।
58948	1382	ਖੜਾ ਪੁਕਾਰੇ ਪਾਤਣੀ ਬੇੜਾ ਕਪਰ ਵਾਤਿ॥੮੫॥	(ਪੱਤਣੀ) ਗੁਰੂ। ਜੀਵਨ ਰੂਪੀ ਬੇੜਾ । ਔਗੁਣ ਵਿਕਾਰ ਜ਼ੋਰ ਜ਼ੁਲਮ ਮੰਦ ਵਾਸਨਾ ਕਪਰ ਲਹਿਰਾਂ। (ਵਾਤਿ) ਮੁਖ ਚ । ਖੜ੍ਹਾ। ਕੱਪਰ	Kharraa Pukaarae Paathanee Baerraa Kapar Vaath ||85||	The boatman stands up and shouts, ""The boat is caught in the whirlpool!""||85||	(ਕੰਢੇ ਤੇ) ਖਲੋਤਾ ਹੋਇਆ (ਗੁਰੂ-) ਮਲਾਹ ਇਹਨਾਂ ਨੂੰ ਉੱਚੀ ਉੱਚੀ ਕਹਿ ਰਿਹਾ ਹੈ (ਕਿ ਤੁਹਾਡਾ ਜ਼ਿੰਦਗੀ ਦਾ) ਬੇੜਾ (ਦੁੱਖਾਂ ਦੀਆਂ) ਠਾਠਾਂ ਦੇ ਮੂੰਹ ਵਿਚ (ਆ ਡਿੱਗਣ ਲੱਗਾ) ਹੈ ॥੮੫॥
58949	1382	ਲੰਮੀ ਲੰਮੀ ਨਦੀ ਵਹੈ ਕੰਧੀ ਕੇਰੈ ਹੇਤਿ॥		Lanmee Lanmee Nadhee Vehai Kandhhee Kaerai Haeth ||	The river flows on and on; it loves to eat into its banks.	(ਸੰਸਾਰੀ ਬੰਦਿਆਂ-ਰੂਪ) ਕੰਧੀ (ਰੁੱਖੜਿਆਂ) ਨੂੰ ਢਾਹੁਣ ਲਈ (ਭਾਵ, ਦੁੱਖੀ ਕਰਨ ਲਈ) (ਇਹ ਦੁੱਖਾਂ ਦੀ) ਬੇਅੰਤ ਲੰਮੀ ਨਦੀ ਵਗ ਰਹੀ ਹੈ,

58950	1382	ਬੇੜੇ ਨੋ ਕਪਰੁ ਕਿਆ ਕਰੇ ਜੇ ਪਾਤਣ ਰਹੈ ਸੁਚੇਤਿ॥੮੬॥		Baerrae No Kapar Kiaa Karae Jae Paathan Rehai Suchaeth ||86||	What can the whirlpool do to the boat, if the boatman remains alert? ||86||	(ਪਰ ਇਸ ਨਦੀ ਦਾ) ਘੁੰਮਣ-ਘੇਰ (ਉਸ ਜ਼ਿੰਦਗੀ-ਰੂਪ) ਬੇੜੇ ਦਾ ਕੋਈ ਨੁਕਸਾਨ ਨਹੀਂ ਕਰ ਸਕਦਾ, ਜੋ (ਸਤਿਗੁਰੂ) ਮਲਾਹ ਦੇ ਚੇਤੇ ਵਿਚ ਰਹੇ (ਭਾਵ, ਜਿਸ ਮਨੁੱਖ ਉਤੇ ਗੁਰੂ ਮੇਹਰ ਦੀ ਨਜ਼ਰ ਰੱਖੇ, ਉਸ ਨੂੰ ਦੁੱਖ-ਅਗਨੀ ਨਹੀਂ ਪੋਂਹਦੀ) ॥੮੬॥
58951	1382	ਫਰੀਦਾ ਗਲੀ ਸੁ ਸਜਣ ਵੀਹ ਇਕੁ ਢੂੰਢੇਦੀ ਨ ਲਹਾਂ॥	ਗੱਲੀਂ	Fareedhaa Galanaee S Sajan Veeh Eik Dtoondtaedhee N Lehaan ||	Fareed, there are dozens who say they are friends; I search, but I cannot find even one.	ਹੇ ਫਰੀਦ! ਗੱਲਾਂ ਨਾਲ ਪਤਿਆਉਣ ਵਾਲੇ ਤਾਂ ਵੀਹ ਮਿਤ੍ਰ (ਮਿਲ ਪੈਂਦੇ) ਹਨ; ਪਰ ਖੋਜ ਕਰਨ ਲੱਗਿਆਂ ਅਸਲ ਸੱਚਾ ਮਿੱਤਰ ਨਹੀਂ ਲੱਭਦਾ (ਜੋ ਮੇਰੀ ਜ਼ਿੰਦਗੀ ਦੇ ਬੇੜੇ ਨੂੰ ਦੁੱਖਾਂ ਦੀ ਨਦੀ ਵਿਚੋਂ ਪਾਰ ਲਾਏ)।
58952	1382	ਧੁਖਾਂ ਜਿਉ ਮਾਂਲੀਹ ਕਾਰਣਿ ਤਿੰਨ੍ਹਾ ਮਾ ਪਿਰੀ॥੮੭॥	(ਮਾਂਲੀਹ) ਗੋਹੇ ਦਾ ਗਿੱਲਾ ਚੂਰਾ। ਮਾ: ਬਿੰਦੀ ਨਹੀਂ ਲਾਉਣੀ। ਧੁਖਾਂ: ਪੋਲਾ ਬੋਲੋ	Dhhukhaan Jio Maanleeh Kaaran Thinnhaa Maa Piree ||87||	I yearn for my beloved like a smouldering fire. ||87||	ਮੈਂ ਤਾਂ ਇਹੋ ਜਿਹੇ (ਸਤ-ਸੰਗੀ) ਸੱਜਣਾਂ ਦੇ (ਨਾਹ ਮਿਲਣ) ਕਰਕੇ ਧੁਖਦੀ ਮਿਲੀ ਵਾਂਗ ਅੰਦਰੇ ਅੰਦਰ ਦੁਖੀ ਹੋ ਰਿਹਾ ਹਾਂ ॥੮੭॥

58953	1382	ਫਰੀਦਾ ਇਹੁ ਤਨੁ ਭਉਕਣਾ ਨਿਤ ਨਿਤ ਦੁਖੀਐ ਕਉਣੁ॥		Fareedhaa Eihu Than Bhoukanaa Nith Nith Dhukheeai Koun ||	Fareed, this body is always barking. Who can stand this constant suffering?	ਹੇ ਫਰੀਦ! ਇਹ (ਮੇਰਾ) ਸਰੀਰ ਤਾਂ ਭੌਂਕਾ ਹੋ ਗਿਆ ਹੈ (ਭਾਵ, ਹਰ ਵੇਲੇ ਨਿੱਤ ਨਵੇਂ ਪਦਾਰਥ ਮੰਗਦਾ ਰਹਿੰਦਾ ਹੈ, ਇਸ ਦੀਆਂ ਨਿੱਤ ਦੀਆਂ ਮੰਗਾਂ ਪੂਰੀਆਂ ਕਰਨ ਦੀ ਖ਼ਾਤਰ) ਕੌਣ ਨਿੱਤ ਔਖਾ ਹੁੰਦਾ ਰਹੇ? (ਭਾਵ, ਮੈਨੂੰ ਨਹੀਂ ਪੁੱਜਦਾ ਕਿ ਨਿੱਤ ਔਖਾ ਹੁੰਦਾ ਰਹਾਂ)।
58954	1382	ਕੰਨੀ ਬੁਜੇ ਦੇ ਰਹਾਂ ਕਿਤੀ ਵਗੈ ਪਉਣੁ॥੮੮॥	ਬੁੱਜੇ, ਕਿਤੀ ਵਗੈ: ਪੋਲੇ ਬੋਲੋ	Kannee Bujae Dhae Rehaan Kithee Vagai Poun ||88||	I have put plugs in my ears; I don't care how much the wind is blowing. ||88||	ਮੈਂ ਤਾਂ ਕੰਨਾਂ ਵਿਚ ਬੁੱਜੇ ਦੇਈ ਰੱਖਾਂਗਾ ਜਿਤਨੀ ਜੀ ਚਾਹੇ ਹਵਾ ਝੁੱਲਦੀ ਰਹੇ, (ਭਾਵ, ਜਿਤਨਾ ਜੀ ਚਾਹੇ ਇਹ ਸਰੀਰ ਮੰਗਾਂ ਮੰਗਣ ਦਾ ਰੌਲਾ ਪਾਈ ਜਾਏ, ਮੈਂ ਇਸ ਦੀ ਇੱਕ ਭੀ ਨਹੀਂ ਸੁਣਾਂਗਾ) ॥੮੮॥
58955	1382	ਫਰੀਦਾ ਰਬ ਖਜੂਰੀ ਪਕੀਆਂ ਮਾਖਿਅ ਨਈ ਵਹੰਨ੍ਹਿ॥	(ਮਾਖਿਅ) ਸ਼ਹਿਦ। (ਨਈ) ਨਦੀ। (ਖਜੂਰੀਂ) ਪੱਕੀਆਂ	Fareedhaa Rab Khajooree Pakeeaaan Maakhia Nee Vehannih ||	Fareed, God's dates have ripened, and rivers of honey flow.	(ਪਰ ਇਹ ਸਰੀਰ ਵਿਚਾਰਾ ਭੀ ਕੀਹ ਕਰੇ? ਇਸ ਨੂੰ ਖਿੱਚ ਪਾਣ ਲਈ ਚਾਰ-ਚੁਫੇਰੇ ਜਗਤ ਵਿਚ) ਹੇ ਫਰੀਦ! ਪਰਮਾਤਮਾ ਦੀਆਂ ਪੱਕੀਆਂ ਹੋਈਆਂ ਖਜੂਰਾਂ (ਦਿੱਸ ਰਹੀਆਂ ਹਨ), ਅਤੇ ਸ਼ਹਿਦ ਦੀਆਂ ਨਦੀਆਂ ਵਗ ਰਹੀਆਂ ਹਨ (ਭਾਵ, ਹਰ ਪਾਸੇ ਸੋਹਣੇ ਸੋਹਣੇ, ਸੁਆਦਲੇ ਤੇ ਮਨ-ਮੋਹਣੇ ਪਦਾਰਥ ਤੇ ਵਿਸ਼ੇ-ਵਿਕਾਰ ਮੌਜੂਦ ਹਨ)।

58956	1382	ਜੋ ਜੋ ਵੰਞੈਂ ਡੀਹੜਾ ਸੋ ਉਮਰ ਹਥ ਪਵੰਨਿ॥੮੯॥		Jo Jo Vannjain Ddeeharraa So Oumar Hathh Pavann ||89||	With each passing day, your life is being stolen away. ||89||	(ਉੱਞ ਇਹ ਭੀ ਠੀਕ ਹੈ ਕਿ ਇਹਨਾਂ ਪਦਾਰਥਾਂ ਦੇ ਮਾਣਨ ਵਿਚ ਮਨੁੱਖ ਦਾ) ਜੋ ਜੋ ਦਿਹਾੜਾ ਬੀਤਦਾ ਹੈ, ਉਹ ਇਸ ਦੀ ਉਮਰ ਨੂੰ ਹੀ ਹੱਥ ਪੈ ਰਹੇ ਹਨ (ਭਾਵ, ਅਜ਼ਾਈਂ ਜਾ ਰਹੇ ਹਨ) ॥੮੯॥
58957	1382	ਫਰੀਦਾ ਤਨੁ ਸੁਕਾ ਪਿੰਜਰੁ ਥੀਆ ਤਲੀਆਂ ਖੂੰਡਹਿ ਕਾਗ॥		Fareedhaa Than Sukaa Pinjar Thheeaa Thaleeaaan Khoonddehi Kaag ||	Fareed, my withered body has become a skeleton; the crows are pecking at my palms.	ਹੇ ਫਰੀਦ! ਇਹ ਭੌਂਕਾ) ਸਰੀਰ (ਵਿਸ਼ੇ-ਵਿਕਾਰਾਂ ਵਿਚ ਪੈ ਪੈ ਕੇ) ਡਾਢਾ ਮਾੜਾ ਹੋ ਗਿਆ ਹੈ, ਹੱਡੀਆਂ ਦੀ ਮੁੱਠ ਰਹਿ ਗਿਆ ਹੈ। (ਫਿਰ ਭੀ, ਇਹ) ਕਾਂ ਇਸ ਦੀਆਂ ਤਲੀਆਂ ਨੂੰ ਠੂੰਗੇ ਮਾਰੀ ਜਾ ਰਹੇ ਹਨ (ਭਾਵ, ਦੁਨੀਆਵੀ ਪਦਾਰਥਾਂ ਦੇ ਚਸਕੇ ਤੇ ਵਿਸ਼ੇ-ਵਿਕਾਰ ਇਸ ਦੇ ਮਨ ਨੂੰ ਚੋਭਾਂ ਲਾਈ ਜਾ ਰਹੇ ਹਨ)।
58958	1382	ਅਜੈ ਸੁ ਰਬੁ ਨ ਬਾਹੁੜਿਓ ਦੇਖੁ ਬੰਦੇ ਕੇ ਭਾਗ॥੯੦॥		Ajai S Rab N Baahurriou Dhaekh Bandhae Kae Bhaag ||90||	Even now, God has not come to help me; behold, this is the fate of all mortal beings. ||90||	ਵੇਖੋ, (ਵਿਕਾਰਾਂ ਵਿਚ ਪਏ) ਮਨੁੱਖ ਦੀ ਕਿਸਮਤ ਭੀ ਅਜੀਬ ਹੈ ਕਿ ਅਜੇ ਭੀ (ਜਦੋਂ ਕਿ ਇਸ ਦਾ ਸਰੀਰ ਦੁਨੀਆ ਦੇ ਵਿਸ਼ੇ ਭੋਗ ਭੋਗ ਕੇ ਆਪਣੀ ਸੱਤਿਆ ਭੀ ਗਵਾ ਬੈਠਾ ਹੈ) ਰੱਬ ਇਸ ਉਤੇ ਤ੍ਰੁੱਠਾ ਨਹੀਂ (ਭਾਵ, ਇਸ ਦੀ ਝੋਰ ਮਿਟੀ ਨਹੀਂ) ॥੯੦॥

58959	1382	ਕਾਗਾ ਕਰੰਗ ਢੰਢੋਲਿਆ ਸਗਲਾ ਖਾਇਆ ਮਾਸੁ॥	ਕੱਾਗਾਂ	Kaagaa Karang Dtandtoliaa Sagalaa Khaaeiaa Maas ||	The crows have searched my skeleton, and eaten all my flesh.	ਕਾਵਾਂ ਨੇ ਪਿੰਜਰ ਭੀ ਫੋਲ ਮਾਰਿਆ ਹੈ, ਅਤੇ ਸਾਰਾ ਮਾਸ ਖਾ ਲਿਆ ਹੈ (ਭਾਵ, ਦੁਨੀਆਵੀ ਪਦਾਰਥਾਂ ਦੇ ਚਸਕੇ ਤੇ ਵਿਸ਼ੇ-ਵਿਕਾਰ ਇਸ ਅੱਤ ਲਿੱਸੇ ਹੋਏ ਹੋਏ ਸਰੀਰ ਨੂੰ ਭੀ ਚੋਭਾਂ ਲਾਈ ਜਾ ਰਹੇ ਹਨ, ਇਸ ਭੌਂਕੇ ਸਰੀਰ ਦੀ ਸਾਰੀ ਸੱਤਿਆ ਇਹਨਾਂ ਨੇ ਖਿੱਚ ਲਈ ਹੈ)।
58960	1382	ਏ ਦੁਇ ਨੈਨਾ ਮਤਿ ਛੁਹਉ ਪਿਰ ਦੇਖਨ ਕੀ ਆਸ॥੯੧॥		Eae Dhue Nainaa Math Shhuho Pir Dhaekhan Kee Aas ||91||	But please do not touch these eyes; I hope to see my Lord. ||91||	ਰੱਬ ਕਰ ਕੇ ਕੋਈ ਵਿਕਾਰ (ਮੇਰੀਆਂ) ਅੱਖਾਂ ਅੱਖਾਂ ਨੂੰ ਨਾਹ ਛੇੜੇ, ਇਹਨਾਂ ਵਿਚ ਤਾਂ ਪਿਆਰੇ ਪ੍ਰਭੂ ਨੂੰ ਵੇਖਣ ਦੀ ਤਾਂਘ ਟਿਕੀ ਰਹੇ ॥੯੧॥
58961	1382	ਕਾਗਾ ਚੂੰਡਿ ਨ ਪਿੰਜਰਾ ਬਸੈ ਤ ਉਡਰਿ ਜਾਹਿ॥	(ਉੱਡਰਿ) ਉੱਡ। (ਜਾਹਿ) ਜਾਹ। ਕੱਾਗਾ	Kaagaa Choondd N Pinjaraa Basai Th Ouddar Jaahi ||	O crow, do not peck at my skeleton; if you have landed on it, fly away.	ਹੇ ਕਾਂ! ਮੇਰਾ ਪਿੰਜਰ ਨਾਹ ਠੂੰਗ, ਜੇ ਤੇਰੇ ਵੱਸ ਵਿਚ (ਇਹ ਗੱਲ) ਹੈ ਤਾਂ (ਇਥੋਂ) ਉੱਡ ਜਾਹ,

58962	1382	ਜਿਤੁ ਪਿੰਜਰੈ ਮੇਰਾ ਸਹੁ ਵਸੈ ਮਾਸੁ ਨ ਤਿਦੂ ਖਾਹਿ॥੯੨॥		Jith Pinjarai Maeraa Sahu Vasai Maas N Thidhoo Khaahi ||92||	Do not eat the flesh from that skeleton, within which my Husband Lord abides. ||92||	ਜਿਸ ਸਰੀਰ ਵਿਚ ਮੇਰਾ ਖਸਮ-ਪ੍ਰਭੂ ਵੱਸ ਰਿਹਾ ਹੈ, ਇਸ ਵਿਚੋਂ ਮਾਸ ਨਾਹ ਖਾਹ, (ਭਾਵ, ਹੇ ਵਿਸ਼ਿਆਂ ਦੇ ਚਸਕੇ! ਮੇਰੇ ਇਸ ਸਰੀਰ ਨੂੰ ਚੋਭਾਂ ਲਾਈਆਂ ਛੱਡ ਦੇਹ, ਤਰਸ ਕਰ, ਤੇ ਜਾਹ, ਖ਼ਲਾਸੀ ਕਰ। ਇਸ ਸਰੀਰ ਵਿਚ ਤਾਂ ਖਸਮ-ਪ੍ਰਭੂ ਦਾ ਪਿਆਰ ਵੱਸ ਰਿਹਾ ਹੈ, ਤੂੰ ਇਸ ਨੂੰ ਵਿਸ਼ੇ-ਭੋਗਾਂ ਵਲ ਪ੍ਰੇਰਨ ਦਾ ਜਤਨ ਨਾਹ ਕਰ) ॥੯੨॥
58963	1382	ਫਰੀਦਾ ਗੋਰ ਨਿਮਾਣੀ ਸਡੁ ਕਰੇ ਨਿਘਰਿਆ ਘਰਿ ਆਉ॥	(ਗੋਰ) ਕਬਰ। ਜਨਮਾਂ ਜਨਮਾਂ ਚ ਘੋਰ ਭਿਆਨਕ ਕਸ਼ਟ ਭੋਗ ਰਹੀ ਨਿਮਾਣੀ ਜਿੰਦ। (ਸੱਡੁ) ਸੱਦਣਾ ਕਰ ਰਹੀ ਹੈ। ਨਿ-ਘਰਿਆ	Fareedhaa Gor Nimaanee Sadd Karae Nighariaa Ghar Aao ||	Fareed, the poor grave calls out, ""O homeless one, come back to your home.	ਹੇ ਫਰੀਦ! ਕਬਰ ਵਿਚਾਰੀ (ਬੰਦੇ ਨੂੰ) ਵਾਜ ਮਾਰ ਰਹੀ ਹੈ (ਤੇ ਆਖਦੀ ਹੈ-) ਹੇ ਬੇ-ਘਰੇ ਜੀਵ! (ਆਪਣੇ) ਘਰ ਵਿਚ ਆ,
58964	1382	ਸਰਪਰ ਮੈ ਥੈ ਆਵਣਾ ਮਰਣਹੁ ਨ ਡਰਿਆਹੁ॥੯੩॥	(ਸਰਪਰ) ਜ਼ਰੂਰ ਬਰ ਜ਼ਰੂਰ।(ਮੈ) ਮੇਰੇ (ਥੈ) ਥਾਂ ਵਿੱਚ	Sarapar Maithhai Aavanaa Maranahu N Ddariaahu ||93||	You shall surely have to come to me; do not be afraid of death.""||93||	(ਭਾਵ) ਆਖ਼ਿਰ ਨੂੰ (ਤੂੰ) ਮੇਰੇ ਪਾਸ ਹੀ ਆਉਣਾ ਹੈ (ਤਾਂ ਫਿਰ) ਮੌਤ ਤੋਂ (ਇਤਨਾ) ਨਾਹ ਡਰ ॥੯੩॥

58965	1382	ਏਨੀ ਲੋਇਣੀ ਦੇਖਦਿਆ ਕੇਤੀ ਚਲਿ ਗਈ॥		Eaenee Loeinee Dhaekhadhiaa Kaethee Chal Gee ||	These eyes have seen a great many leave.	ਇਹਨਾਂ ਅੱਖਾਂ ਨਾਲ ਵੇਖਦਿਆਂ (ਭਾਵ, ਮੇਰੀਆਂ ਅੱਖਾਂ ਦੇ ਸਾਹਮਣੇ) ਕਿਤਨੀ ਹੀ ਖ਼ਲਕਤਿ ਚਲੀ ਗਈ ਹੈ (ਮੌਤ ਦਾ ਸ਼ਿਕਾਰ ਹੋ ਗਈ ਹੈ)।
58966	1382	ਫਰੀਦਾ ਲੋਕਾਂ ਆਪੋ ਆਪਣੀ ਮੈ ਆਪਣੀ ਪਈ॥੯੪॥		Fareedhaa Lokaan Aapo Aapanee Mai Aapanee Pee ||94||	Fareed, the people have their fate, and I have mine. ||94||	ਹੇ ਫਰੀਦ! (ਖ਼ਲਕਤਿ ਤੁਰੀ ਜਾਂਦੀ ਵੇਖ ਕੇ ਭੀ) ਹਰੇਕ ਨੂੰ ਆਪੋ ਆਪਣੇ ਸੁਆਰਥ ਦਾ ਹੀ ਖ਼ਿਆਲ ਹੈ (ਭਾਵ, ਹਰੇਕ ਜੀਵ ਦੁਨੀਆ ਵਾਲੀ ਧੁਨ ਵਿਚ ਹੀ ਹੈ), ਮੈਨੂੰ ਭੀ ਆਪਣਾ ਹੀ ਫ਼ਿਕਰ ਪਿਆ ਹੋਇਆ ਹੈ ॥੯੪॥
58967	1382	ਆਪੁ ਸਵਾਰਹਿ ਮੈ ਮਿਲਹਿ ਮੈ ਮਿਲਿਆ ਸੁਖੁ ਹੋਇ॥		Aap Savaarehi Mai Milehi Mai Miliaa Sukh Hoe ||	God says, ""If you reform yourself, you shall meet me, and meeting me, you shall be at peace.	ਜੇ ਤੂੰ ਆਪਣੇ ਆਪ ਨੂੰ ਸਵਾਰ ਲਏਂ, ਤਾਂ ਤੂੰ ਮੈਨੂੰ ਮਿਲ ਪਏਂਗਾ, ਤੇ ਮੇਰੇ ਵਿਚ ਜੁੜਿਆਂ ਹੀ ਤੈਨੂੰ ਸੁਖ ਹੋਵੇਗਾ (ਦੁਨੀਆ ਦੇ ਪਦਾਰਥਾਂ ਵਿਚ ਨਹੀਂ)।
58968	1382	ਫਰੀਦਾ ਜੇ ਤੂ ਮੇਰਾ ਹੋਇ ਰਹਹਿ ਸਭੁ ਜਗੁ ਤੇਰਾ ਹੋਇ॥੯੫॥		Fareedhaa Jae Thoo Maeraa Hoe Rehehi Sabh Jag Thaeraa Hoe ||95||	O Fareed, if you will be mine, the whole world will be yours.""||95||	ਹੇ ਫਰੀਦ! ਜੇ ਤੂੰ ਮੇਰਾ ਬਣ ਜਾਏਂ, (ਭਾਵ, ਦੁਨੀਆ ਵਾਲਾ ਪਿਆਰ ਛੱਡ ਕੇ ਮੇਰੇ ਨਾਲ ਪਿਆਰ ਕਰਨ ਲੱਗ ਪਏਂ, ਤਾਂ) ਸਾਰਾ ਜਗਤ ਤੇਰਾ ਬਣ ਜਾਏਗਾ (ਭਾਵ, ਮਾਇਆ ਤੇਰੇ ਪਿੱਛੇ ਪਿੱਛੇ ਦੌੜੇਗੀ) ॥੯੫॥

58969	1382	ਕੰਧੀ ਉਤੈ ਰੁਖੜਾ ਕਿਚਰਕੁ ਬੰਨੈ ਧੀਰੁ॥	ਰੁੱਖੜਾ। ਬੰਨ੍ਹੈ। ਕਿਚਰ-ਕੁ	Kandhhee Outhai Rukharraa Kicharak Bannai Dhheer ||	How long can the tree remain implanted on the river-bank?	(ਦਰੀਆ ਦੇ) ਕੰਢੇ ਉੱਤੇ (ਉੱਗਾ ਹੋਇਆ) ਵਿਚਾਰਾ ਰੁੱਖ ਕਿਤਨਾ ਕੁ ਚਿਰ ਧਰਵਾਸ ਬੰਨ੍ਹੇਗਾ? ਹੇ ਫਰੀਦ! ਕੱਚੇ ਭਾਂਡੇ ਵਿਚ ਪਾਣੀ ਕਿਤਨਾ ਕੁ ਚਿਰ ਰੱਖਿਆ ਜਾ ਸਕਦਾ ਹੈ?
58970	1382	ਫਰੀਦਾ ਕਚੈ ਭਾਂਡੈ ਰਖੀਐ ਕਿਚਰੁ ਤਾਈ ਨੀਰੁ॥੯੬॥	ਤਾਂਈਂ	Fareedhaa Kachai Bhaanddai Rakheeai Kichar Thaaee Neer ||96||	Fareed, how long can water be kept in a soft clay pot? ||96||	(ਇਸੇ ਤਰ੍ਹਾਂ ਮਨੁੱਖ ਮੌਤ ਦੀ ਨਦੀ ਦੇ ਕੰਢੇ ਤੇ ਖਲੋਤਾ ਹੋਇਆ ਹੈ, ਇਸ ਸਰੀਰ ਵਿਚੋਂ ਸੁਆਸ ਮੁੱਕਦੇ ਜਾ ਰਹੇ ਹਨ) ॥੯੬॥
58971	1382	ਫਰੀਦਾ ਮਹਲ ਨਿਸਖਣ ਰਹਿ ਗਏ ਵਾਸਾ ਆਇਆ ਤਲਿ॥	(ਮਹਲ) ਸ੍ਰੀਰ। (ਨਿ-ਸੱਖਣ) ਖ਼ਾਲੀ। ਧਰਤੀ ਦੇ (ਤਲਿ) ਤਲੇ। ਤਲਿ: ਪੋਲਾ ਬੋਲੋ	Fareedhaa Mehal Nisakhan Rehi Geae Vaasaa Aaeiaa Thal ||	Fareed, the mansions are vacant; those who lived in them have gone to live underground.	ਹੇ ਫਰੀਦ! (ਮੌਤ ਆਉਣ ਤੇ) ਮਹਲ-ਮਾੜੀਆਂ ਸੁੰਞੀਆਂ ਰਹਿ ਜਾਂਦੀਆਂ ਹਨ, ਧਰਤੀ ਦੇ ਹੇਠ (ਕਬਰ ਵਿਚ) ਡੇਰਾ ਲਾਣਾ ਪੈਂਦਾ ਹੈ।
58972	1383	ਗੋਰਾਂ ਸੇ ਨਿਮਾਣੀਆ ਬਹਸਨਿ ਰੂਹਾਂ ਮਲਿ॥		Goraan Sae Nimaaneeaa Behasan Roohaan Mal ||	They remain there, in those unhonored graves.	ਉਹਨਾਂ ਕਬਰਾਂ ਵਿਚ ਜਿਨ੍ਹਾਂ ਤੋਂ ਨਫ਼ਰਤ ਕਰੀਦੀ ਹੈ ਰੂਹਾਂ ਸਦਾ ਲਈ ਜਾ ਬੈਠਣਗੀਆਂ।

58973	1383	ਆਖੀਂ ਸੇਖਾ ਬੰਦਗੀ ਚਲਣੁ ਅਜੁ ਕਿ ਕਲਿ॥੯੭॥	ਹੇ ਸੇਖ਼ ਫ਼ਰੀਦ! ਖ਼ੁਦਾ ਜੀ ਅੱਗੇ ਬੰਦਗੀ ਪ੍ਰਾਪਤੀ ਲਈ, ਬਾਰ ਬਾਰ (ਆਖੀਂ) ਆਖਣਾ ਕਰੀਂ। ਚੱਲਣੁ। ਸੇਖਾ: ਬਿੰਦੀ ਨਹੀਂ ਲਾਉਣੀ।ਕੱਲਿ	Aakheen Saekhaa Bandhagee Chalan Aj K Kal ||97||	O Shaykh, dedicate yourself to God; you will have to depart, today or tomorrow. ||97||	ਹੇ ਸ਼ੇਖ਼ (ਫਰੀਦ)! (ਰੱਬ ਦੀ) ਬੰਦਗੀ ਕਰ (ਇਹਨਾਂ ਮਹਲ-ਮਾੜੀਆਂ ਤੋਂ) ਅੱਜ ਭਲਕ ਕੂਚ ਕਰਨਾ ਹੋਵੇਗਾ ॥੯੭॥
58974	1383	ਫਰੀਦਾ ਮਉਤੈ ਦਾ ਬੰਨਾ ਏਵੈ ਦਿਸੈ ਜਿਉ ਦਰੀਆਵੈ ਢਾਹਾ॥		Fareedhaa Mouthai Dhaa Bannaa Eaevai Dhisai Jio Dhareeaavai Dtaahaa ||	Fareed, the shore of death looks like the river-bank, being eroded away.	ਹੇ ਫਰੀਦ! ਜਿਵੇਂ ਦਰਿਆ ਦਾ ਕਿਨਾਰਾ ਹੈ (ਜੋ ਪਾਣੀ ਦੇ ਵੇਗ ਨਾਲ ਢਹਿ ਰਿਹਾ ਹੁੰਦਾ ਹੈ) ਇਸੇ ਤਰ੍ਹਾਂ ਮੌਤ (-ਰੂਪ) ਨਦੀ ਦਾ ਕੰਢਾ ਹੈ (ਜਿਸ ਵਿਚ ਬੇਅੰਤ ਜੀਵ ਉਮਰ ਭੋਗ ਕੇ ਡਿੱਗਦੇ ਜਾ ਰਹੇ ਹਨ)।
58975	1383	ਅਗੈ ਦੋਜਕੁ ਤਪਿਆ ਸੁਣੀਐ ਹੂਲ ਪਵੈ ਕਾਹਾਹਾ॥	ਜਮ ਚੁਫੇਰਿਓਂ ਘੇਰ ਕੇ (ਹੂਲ) ਹੱਲਾ ਕਰਦੇ ਹਨ। (ਕਾ–ਹਾਹਾ) ਡੰਡ ਰੌਲ਼ਾ। (ਪਵੈ) ਪੈ ਰਿਹਾ ਹੈ	Agai Dhojak Thapiaa Suneeai Hool Pavai Kaahaahaa ||	Beyond is the burning hell, from which cries and shrieks are heard.	(ਮੌਤ) ਅਗਲੇ ਪਾਸੇ (ਵਿਕਾਰੀਆਂ ਵਾਸਤੇ) ਤਪੇ ਹੋਏ ਨਰਕ ਸੁਣੀਂਦੇ ਹਨ, ਉਥੇ ਉਹਨਾਂ ਦੀ ਹਾਹਾਕਾਰ ਤੇ ਰੌਲਾ ਪੈ ਰਿਹਾ ਹੈ।
58976	1383	ਇਕਨਾ ਨੋ ਸਭ ਸੋਝੀ ਆਈ ਇਕਿ ਫਿਰਦੇ ਵੇਪਰਵਾਹਾ॥		Eikanaa No Sabh Sojhee Aaee Eik Firadhae Vaeparavaahaa ||	Some understand this completely, while others wander around carelessly.	ਕਈ (ਭਾਗਾਂ ਵਾਲਿਆਂ) ਨੂੰ ਤਾਂ ਸਾਰੀ ਸਮਝ ਆ ਗਈ ਹੈ (ਕਿ ਇਥੇ ਕਿਵੇਂ ਜ਼ਿੰਦਗੀ ਗੁਜ਼ਾਰਨੀ ਹੈ, ਪਰ) ਕਈ ਬੇਪਰਵਾਹ ਫਿਰ ਰਹੇ ਹਨ।

58977	1383	ਅਮਲ ਜਿ ਕੀਤਿਆ ਦੁਨੀ ਵਿਚਿ ਸੇ ਦਰਗਹ ਓਗਾਹਾ॥੯੮॥	ਕੀਤਿਆ: ਬਿੰਦੀ ਨਹੀਂ ਲਾਉਣੀ	Amal J Keethiaa Dhunee Vich Sae Dharageh Ougaahaa ||98||	Those actions which are done in this world, shall be examined in the Court of the Lord. ||98||	ਜੇਹੜੇ ਅਮਲ ਇਥੇ ਦੁਨੀਆ ਵਿਚ ਕਰੀਦੇ ਹਨ, ਉਹ ਰੱਬ ਦੀ ਦਰਗਾਹ ਵਿਚ (ਮਨੁੱਖ ਦੀ ਜ਼ਿੰਦਗੀ ਦੇ) ਗਵਾਹ ਬਣਦੇ ਹਨ ॥੯੮॥
58978	1383	ਫਰੀਦਾ ਦਰੀਆਵੈ ਕੰਨੈ ਬਗੁਲਾ ਬੈਠਾ ਕੇਲ ਕਰੇ॥	ਦਰੀ-ਆਵੈ	Fareedhaa Dhareeaavai Kannhai Bagulaa Baithaa Kael Karae ||	Fareed, the crane perches on the river bank, playing joyfully.	ਹੇ ਫਰੀਦ! (ਬੰਦਾ ਜਗਤ ਦੇ ਰੰਗ-ਤਮਾਸ਼ਿਆਂ ਵਿਚ ਮਸਤ ਹੈ, ਜਿਵੇਂ) ਦਰਿਆ ਦੇ ਕੰਢੇ ਤੇ ਬੈਠਾ ਹੋਇਆ ਬਗੁਲਾ ਕਲੋਲ ਕਰਦਾ ਹੈ।
58979	1383	ਕੇਲ ਕਰੇਦੇ ਹੰਝ ਨੋ ਅਚਿੰਤੇ ਬਾਜ ਪਏ॥	(ਹੰਝ) ਬਗਲੇ ਦੰਭੀ। ਨੋ: ਨੂੰ। ਅ-ਚਿੰਤੇ	Kael Karaedhae Hanjh No Achinthae Baaj Peae ||	While it is playing, a hawk suddenly pounces on it.	(ਜਿਵੇਂ ਉਸ) ਹੰਸ (ਵਰਗੇ ਚਿੱਟੇ ਬਗੁਲੇ) ਨੂੰ ਕਲੋਲ ਕਰਦੇ ਨੂੰ ਅਚਨ-ਚੇਤ ਬਾਜ਼ ਆ ਪੈਂਦੇ ਹਨ, (ਤਿਵੇਂ ਬੰਦੇ ਨੂੰ ਮੌਤ ਦੇ ਦੂਤ ਆ ਫੜਦੇ ਹਨ)।
58980	1383	ਬਾਜ ਪਏ ਤਿਸੁ ਰਬ ਦੇ ਕੇਲਾਂ ਵਿਸਰੀਆਂ॥		Baaj Peae This Rab Dhae Kaelaan Visareeaaan ||	When the Hawk of God attacks, playful sport is forgotten.	ਜਦੋਂ ਉਸ ਨੂੰ ਬਾਜ਼ ਆ ਕੇ ਪੈਂਦੇ ਹਨ, ਤਾਂ ਸਾਰੇ ਕਲੋਲ ਉਸ ਨੂੰ ਭੁੱਲ ਜਾਂਦੇ ਹਨ (ਆਪਣੀ ਜਾਨ ਦੀ ਪੈ ਜਾਂਦੀ ਹੈ, ਇਹੀ ਹਾਲ ਮੌਤ ਆਇਆਂ ਬੰਦੇ ਦਾ ਹੁੰਦਾ ਹੈ)।
58981	1383	ਜੋ ਮਨਿ ਚਿਤਿ ਨ ਚੇਤੇ ਸਨਿ ਸੋ ਗਾਲੀ ਰਬ ਕੀਆਂ॥੯੯॥	ਗੱਾਲੀਂ	Jo Man Chith N Chaethae San So Gaalee Rab Keeaaan ||99||	God does what is not expected or even considered. ||99||	ਜੋ ਗੱਲਾਂ (ਮਨੁੱਖ ਦੇ ਕਦੇ) ਮਨ ਵਿਚ ਚਿੱਤ-ਚੇਤੇ ਵਿਚ ਨਹੀਂ ਸਨ, ਰੱਬ ਨੇ ਉਹ ਕਰ ਦਿੱਤੀਆਂ ॥੯੯॥

58982	1383	ਸਾਢੇ ਤ੍ਰੈ ਮਣ ਦੇਹੁਰੀ ਚਲੈ ਪਾਣੀ ਅੰਨਿ॥		Saadtae Thrai Man Dhaehuree Chalai Paanee Ann ||	The body is nourished by water and grain.	(ਮਨੁੱਖ ਦਾ ਇਹ) ਸਾਢੇ ਤਿੰਨ ਮਣ ਦਾ ਪਲਿਆ ਹੋਇਆ ਸਰੀਰ (ਇਸ ਨੂੰ) ਪਾਣੀ ਤੇ ਅੰਨ ਦੇ ਜ਼ੋਰ ਕੰਮ ਦੇ ਰਿਹਾ ਹੈ।
58983	1383	ਆਇਓ ਬੰਦਾ ਦੁਨੀ ਵਿਚਿ ਵਤਿ ਆਸੂਣੀ ਬੰਨ੍ਹਿ॥	ਸੰਸਾਰ ਤੋਂ (ਵਤਿ) ਮੁੜ ਗਿਆ। ਜੱਗ ਤੇ ਜਿਉਣ, ਹੋਰ ਅਨੇਕ ਪ੍ਰਕਾਰ ਦੀ ਆਸ ਪੂਰੀ ਨ ਹੋਣ ਤੋਂ, ਆਸਾ ਨੂੰ ਊਣੀ ਬੰਨ੍ਹਿ ਕੇ ਹੀ।ਵੱਤਿ	Aaeiou Bandhaa Dhunee Vich Vath Aasoonee Bannih ||	The mortal comes into the world with high hopes.	ਬੰਦਾ ਜਗਤ ਵਿਚ ਕੋਈ ਸੋਹਣੀ ਜਿਹੀ ਆਸ ਬਣ ਕੇ ਆਇਆ ਹੈ (ਪਰ ਆਸ ਪੂਰੀ ਨਹੀਂ ਹੁੰਦੀ)।
58984	1383	ਮਲਕਲ ਮਉਤ ਜਾਂ ਆਵਸੀ ਸਭ ਦਰਵਾਜੇ ਭੰਨਿ॥	(ਮਲਕਲ) ਪਾਤਸ਼ਾਹਣੀ ਮੌਤ ਜਾਂ ਆਵੇਗੀ	Malakal Mouth Jaan Aavasee Sabh Dharavaajae Bhann ||	But when the Messenger of Death comes, it breaks down all the doors.	ਜਦੋਂ ਮੌਤ ਦਾ ਫ਼ਰਿਸਤਾ (ਸਰੀਰ ਦੇ) ਸਾਰੇ ਦਰਵਾਜ਼ੇ ਭੰਨ ਕੇ (ਭਾਵ, ਸਾਰੇ ਇੰਦ੍ਰਿਆਂ ਨੂੰ ਨਕਾਰੇ ਕਰ ਕੇ) ਆ ਜਾਂਦਾ ਹੈ,
58985	1383	ਤਿਨ੍ਹਾ ਪਿਆਰਿਆ ਭਾਈਆਂ ਅਗੈ ਦਿਤਾ ਬੰਨ੍ਹਿ॥		Thinhaa Piaariaa Bhaaeeaaan Agai Dhithaa Bannih ||	It binds and gags the mortal, before the eyes of his beloved brothers.	(ਮਨੁੱਖ ਦੇ) ਉਹ ਪਿਆਰੇ ਵੀਰ (ਮੌਤ ਦੇ ਫ਼ਰਿਸਤੇ ਦੇ) ਅੱਗੇ ਬੰਨ੍ਹ ਕੇ ਤੋਰ ਦੇਂਦੇ ਹਨ।
58986	1383	ਵੇਖਹੁ ਬੰਦਾ ਚਲਿਆ ਚਹੁ ਜਣਿਆ ਦੈ ਕੰਨ੍ਹਿ॥		Vaekhahu Bandhaa Chaliaa Chahu Janiaa Dhai Kannih ||	Behold, the mortal being is going away, carried on the shoulders of four men.	ਵੇਖੋ! ਬੰਦਾ ਚਹੁੰ ਮਨੁੱਖਾਂ ਦੇ ਮੋਢੇ ਤੇ ਤੁਰ ਪਿਆ ਹੈ।

58987	1383	ਫਰੀਦਾ ਅਮਲ ਜਿ ਕੀਤੇ ਦੁਨੀ ਵਿਚਿ ਦਰਗਹ ਆਏ ਕੰਮਿ॥੧੦੦॥		Fareedhaa Amal J Keethae Dhunee Vich Dharageh Aaeae Kanm ||100||	Fareed, only those good deeds done in the world will be of any use in the Court of the Lord. ||100||	ਹੇ ਫਰੀਦ! (ਪਰਮਾਤਮਾ ਦੀ) ਦਰਗਾਹ ਵਿਚ ਉਹੀ (ਭਲੇ) ਕੰਮ ਸਹਾਈ ਹੁੰਦੇ ਹਨ ਜੋ ਦੁਨੀਆ ਵਿਚ (ਰਹਿ ਕੇ) ਕੀਤੇ ਜਾਂਦੇ ਹਨ ॥੧੦੦॥
58988	1383	ਫਰੀਦਾ ਹਉ ਬਲਿਹਾਰੀ ਤਿਨ੍ਹ ਪੰਖੀਆ ਜੰਗਲਿ ਜਿੰਨ੍ਹਾ ਵਾਸੁ॥		Fareedhaa Ho Balihaaree Thinh Pankheeaa Jangal Jinnhaa Vaas ||	Fareed, I am a sacrifice to those birds which live in the jungle.	ਹੇ ਫਰੀਦ! ਮੈਂ ਉਹਨਾਂ ਪੰਛੀਆਂ ਤੋਂ ਸਦਕੇ ਹਾਂ ਜਿਨ੍ਹਾਂ ਦਾ ਵਾਸਾ ਜੰਗਲ ਵਿਚ ਹੈ,
58989	1383	ਕਕਰੁ ਚੁਗਨਿ ਥਲਿ ਵਸਨਿ ਰਬ ਨ ਛੋਡਨਿ ਪਾਸੁ॥੧੦੧॥	ਕੱਕਰੁ	Kakar Chugan Thhal Vasan Rab N Shhoddan Paas ||101||	They peck at the roots and live on the ground, but they do not leave the Lord's side. ||101||	ਰੋੜ ਚੁਗਦੇ ਹਨ, ਭੋਇੰ ਉੱਤੇ ਵੱਸਦੇ ਹਨ, (ਪਰ) ਰੱਬ ਦਾ ਆਸਰਾ ਨਹੀਂ ਛੱਡਦੇ (ਭਾਵ, ਮਹਲਾਂ ਵਿਚ ਰਹਿਣ ਵਾਲੇ ਪਲੇ ਹੋਏ ਸਰੀਰ ਵਾਲੇ ਪਰ ਰੱਬ ਨੂੰ ਭੁਲਾ ਦੇਣ ਵਾਲੇ ਬੰਦੇ ਨਾਲੋਂ ਤਾਂ ਉਹ ਪੰਛੀ ਹੀ ਚੰਗੇ ਹਨ ਜੋ ਰੁੱਖਾਂ ਤੇ ਆਲ੍ਹਣੇ ਬਣਾ ਲੈਂਦੇ ਹਨ, ਰੋੜ ਚੁਗ ਕੇ ਗੁਜ਼ਾਰਾ ਕਰ ਲੈਂਦੇ ਹਨ, ਪਰ ਰੱਬ ਨੂੰ ਚੇਤੇ ਰੱਖਦੇ ਹਨ) ॥੧੦੧॥

58990	1383	ਫਰੀਦਾ ਰੁਤਿ ਫਿਰੀ ਵਣੁ ਕੰਬਿਆ ਪਤ ਝੜੇ ਝੜਿ ਪਾਹਿ॥	ਪੱਤ	Fareedhaa Ruth Firee Van Kanbiaa Path Jharrae Jharr Paahi ||	Fareed, the seasons change, the woods shake and the leaves drop from the trees.	ਹੇ ਫਰੀਦ! ਮੌਸਮ ਬਦਲ ਗਿਆ ਹੈ, ਜੰਗਲ (ਦਾ ਬੂਟਾ ਬੂਟਾ) ਹਿੱਲ ਗਿਆ ਹੈ, ਪੱਤਰ ਝੜ ਰਹੇ ਹਨ।
58991	1383	ਚਾਰੇ ਕੁੰਡਾ ਢੂੰਢੀਆਂ ਰਹਣੁ ਕਿਥਾਊ ਨਾਹਿ॥੧੦੨॥		Chaarae Kunddaa Dtoondteeaaan Rehan Kithhaaoo Naahi ||102||	I have searched in the four directions, but I have not found any resting place anywhere. ||102||	(ਜਗਤ ਦੇ) ਚਾਰੇ ਪਾਸੇ ਢੂੰਢ ਵੇਖੇ ਹਨ, ਥਿਰਤਾ ਕਿਤੇ ਭੀ ਨਹੀਂ ਹੈ (ਨਾਹ ਹੀ ਰੁੱਤ ਇਕੋ ਰਹਿ ਸਕਦੀ ਹੈ, ਨਾਹ ਹੀ ਰੁੱਖ ਤੇ ਰੁੱਖਾਂ ਦੇ ਪੱਤਰ ਸਦਾ ਟਿਕੇ ਰਹਿ ਸਕਦੇ ਹਨ। ਭਾਵ, ਸਮਾਂ ਗੁਜ਼ਰਨ ਤੇ ਇਸ ਮਨੁੱਖ ਉਤੇ ਬੁਢੇਪਾ ਆ ਜਾਂਦਾ ਹੈ, ਸਾਰੇ ਅੰਗ ਕਮਜ਼ੋਰ ਪੈ ਜਾਂਦੇ ਹਨ, ਆਖ਼ਰ ਜਗਤ ਤੋਂ ਤੁਰ ਪੈਂਦਾ ਹੈ) ॥੧੦੨॥
58992	1383	ਫਰੀਦਾ ਪਾੜਿ ਪਟੋਲਾ ਧਜ ਕਰੀ ਕੰਬਲੜੀ ਪਹਿਰੇਉ॥		Fareedhaa Paarr Pattolaa Dhhaj Karee Kanbalarree Pehiraeo ||	Fareed, I have torn my clothes to tatters; now I wear only a rough blanket.	ਹੇ ਫਰੀਦ! ਪੱਟ ਦਾ ਕੱਪੜਾ ਪਾੜ ਕੇ ਮੈਂ ਲੀਰਾਂ ਕਰ ਦਿਆਂ, ਤੇ ਮਾੜੀ ਜਿਹੀ ਕੰਬਲੀ ਪਾ ਲਵਾਂ।
58993	1383	ਜਿਨ੍ਹੀ ਵੇਸੀ ਸਹੁ ਮਿਲੈ ਸੇਈ ਵੇਸ ਕਰੇਉ॥੧੦੩॥	ਵੇਸੀਂ	Jinhee Vaesee Sahu Milai Saeee Vaes Karaeo ||103||	I wear only those clothes which will lead me to meet my Lord. ||103||	ਮੈਂ ਉਹੀ ਵੇਸ ਕਰ ਲਵਾਂ, ਜਿਨ੍ਹਾਂ ਵੇਸਾਂ ਨਾਲ (ਮੇਰਾ) ਖਸਮ ਪਰਮਾਤਮਾ ਮਿਲ ਪਏ ॥੧੦੩॥
58994	1383	ਮਃ ੩॥		Ma 3 ||	Third Mehl:	

58995	1383	ਕਾਇ ਪਟੋਲਾ ਪਾੜਤੀ ਕੰਬਲੜੀ ਪਹਿਰੇਇ॥	ਪਹਿਰੇ-ਇ	Kaae Pattolaa Paarrathee Kanbalarree Pehiraee ||	Why do you tear apart your fine clothes, and take to wearing a rough blanket?	(ਪਤੀ ਪਰਮਾਤਮਾ ਨੂੰ ਮਿਲਣ ਵਾਸਤੇ ਜੀਵ-ਇਸਤ੍ਰੀ) ਸਿਰ ਦਾ ਪੱਟ ਦਾ ਕਪੜਾ ਕਿਉਂ ਪਾੜੇ ਤੇ ਭੈੜੀ ਜਿਹੀ ਕੰਬਲੀ ਕਿਉਂ ਪਾਏ?
58996	1383	ਨਾਨਕ ਘਰ ਹੀ ਬੈਠਿਆ ਸਹੁ ਮਿਲੈ ਜੇ ਨੀਅਤਿ ਰਾਸਿ ਕਰੇਇ॥੧੦੪॥		Naanak Ghar Hee Baithiaa Sahu Milai Jae Neeath Raas Karaee ||104||	O Nanak, even sitting in your own home, you can meet the Lord, if your mind is in the right place. ||104||	ਹੇ ਨਾਨਕ! ਘਰ ਵਿਚ ਬੈਠਿਆਂ ਹੀ ਖਸਮ (-ਪਰਮਾਤਮਾ) ਮਿਲ ਪੈਂਦਾ ਹੈ, ਜੇ (ਜੀਵ-ਇਸਤ੍ਰੀ ਆਪਣੀ) ਨੀਅਤ ਸਾਫ਼ ਕਰ ਲਏ (ਜੇ ਮਨ ਪਵਿਤ੍ਰ ਕਰ ਲਏ) ॥੧੦੪॥
58997	1383	ਮਃ ੫॥		Ma 5 ||	Fifth Mehl:	
58998	1383	ਫਰੀਦਾ ਗਰਬੁ ਜਿਨ੍ਹਾ ਵਡਿਆਈਆ ਧਨਿ ਜੋਬਨਿ ਆਗਾਹ॥		Fareedhaa Garab Jinhaa Vaddiaaeeaa Dhhan Joban Aagaah ||	Fareed, those who are very proud of their greatness, wealth and youth,	ਹੇ ਫਰੀਦ! ਜਿਨ੍ਹਾਂ ਲੋਕਾਂ ਨੂੰ ਦੁਨੀਆਵੀ ਇੱਜ਼ਤ ਦਾ ਅਹੰਕਾਰ (ਰਿਹਾ), ਬੇਅੰਤ ਧਨ ਦੇ ਕਾਰਣ ਜਾਂ ਜੁਆਨੀ ਦੇ ਕਾਰਣ (ਕੋਈ) ਮਾਣ ਰਿਹਾ,
58999	1383	ਖਾਲੀ ਚਲੇ ਧਣੀ ਸਿਉ ਟਿਬੇ ਜਿਉ ਮੀਹਾਹੁ॥੧੦੫॥		Khaalee Chalae Dhhanee Sio Ttibae Jio Meehaahu ||105||	Shall return empty-handed from their Lord, like sandhills after the rain. ||105||	ਉਹ (ਜਗਤ ਵਿਚੋਂ) ਮਾਲਕ (ਦੀ ਮੇਹਰ) ਤੋਂ ਸੱਖਣੇ ਹੀ ਚਲੇ ਗਏ, ਜਿਵੇਂ ਟਿੱਬੇ ਮੀਂਹ (ਦੇ ਵੱਸਣ) ਪਿੱਛੋਂ (ਸੁੱਕੇ ਰਹਿ ਜਾਂਦੇ ਹਨ) ॥੧੦੫॥

59000	1383	ਫਰੀਦਾ ਤਿਨਾ ਮੁਖ ਡਰਾਵਣੇ ਜਿਨਾ ਵਿਸਾਰਿਓਨੁ ਨਾਉ॥		Fareedhaa Thinaa Mukh Ddaraavanae Jinaa Visaarioun Naao ||	Fareed, the faces of those who forget the Lord's Name are dreadful.	ਹੇ ਫਰੀਦ! ਜਿਨ੍ਹਾਂ ਬੰਦਿਆਂ ਨੇ ਪਰਮਾਤਮਾ ਦਾ ਨਾਮ ਭੁਲਾਇਆ ਹੋਇਆ ਹੈ, ਉਹਨਾਂ ਦੇ ਮੂੰਹ ਡਰਾਉਣੇ ਲੱਗਦੇ ਹਨ (ਉਹਨਾਂ ਨੂੰ ਵੇਖਦਿਆਂ ਡਰ ਲੱਗਦਾ ਹੈ, ਭਾਵੇਂ ਉਹ ਪੱਟ ਪਹਿਨਣ ਵਾਲੇ ਹੋਣ, ਧਨ ਵਾਲੇ ਹੋਣ, ਜੁਆਨੀ ਵਾਲੇ ਹੋਣ ਜਾਂ ਮਾਣ ਵਡਿਆਈਆਂ ਵਾਲੇ ਹੋਣ)।
59001	1383	ਐਥੈ ਦੁਖ ਘਣੇਰਿਆ ਅਗੈ ਠਉਰ ਨ ਠਾਉ॥੧੦੬॥		Aithhai Dhukh Ghanaeriaa Agai Thour N Thaao ||106||	They suffer terrible pain here, and hereafter they find no place of rest or refuge. ||106||	(ਜਿਤਨਾ ਚਿਰ) ਉਹ ਇਥੇ (ਜਿਊਂਦੇ ਹਨ, ਉਹਨਾਂ ਨੂੰ) ਕਈ ਦੁੱਖ ਵਾਪਰਦੇ ਹਨ, ਤੇ ਅਗਾਂਹ ਵੀ ਉਹਨਾਂ ਨੂੰ ਕੋਈ ਥਾਂ-ਥਿੱਤਾ ਨਹੀਂ ਮਿਲਦਾ (ਭਾਵ, ਧੱਕੇ ਹੀ ਪੈਂਦੇ ਹਨ) ॥੧੦੬॥
59002	1383	ਫਰੀਦਾ ਪਿਛਲ ਰਾਤਿ ਨ ਜਾਗਿਓਹਿ ਜੀਵਦੜੋ ਮੁਇਓਹਿ॥		Fareedhaa Pishhal Raath N Jaagiouhi Jeevadharro Mueiouhi ||	Fareed, if you do not awaken in the early hours before dawn, you are dead while yet alive.	ਹੇ ਫਰੀਦ! ਜੇ ਤੂੰ ਅੰਮ੍ਰਿਤ ਵੇਲੇ ਨਹੀਂ ਜਾਗਿਆ ਤਾਂ (ਇਹ ਕੋਝਾ ਜੀਵਨ) ਜਿਊਂਦਾ ਹੀ ਤੂੰ ਮਰਿਆ ਹੋਇਆ ਹੈਂ।

59003	1383	ਜੇ ਤੈ ਰਬੁ ਵਿਸਾਰਿਆ ਤ ਰਬਿ ਨ ਵਿਸਰਿਓਹਿ॥੧੦੭॥		Jae Thai Rab Visaariaa Th Rab N Visariouhi ||107||	Although you have forgotten God, God has not forgotten you. ||107||	ਜੇ ਤੂੰ ਰੱਬ ਨੂੰ ਭੁਲਾ ਦਿੱਤਾ ਹੈ, ਤਾਂ ਰੱਬ ਨੇ ਤੈਨੂੰ ਨਹੀਂ ਭੁਲਾਇਆ (ਭਾਵ, ਪਰਮਾਤਮਾ ਹਰ ਵੇਲੇ ਤੇਰੇ ਅਮਲਾਂ ਨੂੰ ਵੇਖ ਰਿਹਾ ਹੈ) ॥੧੦੭॥
59004	1383	ਮਃ ੫॥		Ma 5 ||	Fifth Mehl:	
59005	1383	ਫਰੀਦਾ ਕੰਤੁ ਰੰਗਾਵਲਾ ਵਡਾ ਵੇਮੁਹਤਾਜੁ॥		Fareedhaa Kanth Rangaavalaa Vaddaa Vaemuhathaaj ||	Fareed, my Husband Lord is full of joy; He is Great and Self-sufficient.	ਹੇ ਫਰੀਦ! ਖਸਮ (ਪਰਮਾਤਮਾ) ਸੋਹਣਾ ਹੈ ਤੇ ਬੜਾ ਬੇ-ਮੁਥਾਜ ਹੈ।
59006	1383	ਅਲਹ ਸੇਤੀ ਰਤਿਆ ਏਹੁ ਸਚਾਵਾਂ ਸਾਜੁ॥੧੦੮॥	ਅੱਲਹ,ਸੱਚਾਵਾਂ	Aleh Saethee Rathiaa Eaehu Sachaavaan Saaj ||108||	To be imbued with the Lord God - this is the most beautiful decoration. ||108||	(ਅੰਮ੍ਰਿਤ ਵੇਲੇ ਉੱਠ ਕੇ) ਜੇ ਰੱਬ ਨਾਲ ਰੰਗੇ ਜਾਈਏ ਤਾਂ (ਮਨੁੱਖ ਨੂੰ ਭੀ) ਰੱਬ ਵਾਲਾ ਇਹ (ਸੋਹਣਾ ਤੇ ਬੇ-ਮੁਥਾਜੀ ਵਾਲਾ) ਰੂਪ ਮਿਲ ਜਾਂਦਾ ਹੈ (ਭਾਵ, ਮਨੁੱਖ ਦਾ ਮਨ ਸੁੰਦਰ ਹੋ ਜਾਂਦਾ ਹੈ, ਤੇ ਇਸ ਨੂੰ ਕਿਸੇ ਦੀ ਮੁਥਾਜੀ ਨਹੀਂ ਰਹਿੰਦੀ) ॥੧੦੮॥
59007	1383	ਮਃ ੫॥		Ma 5 ||	Fifth Mehl:	
59008	1383	ਫਰੀਦਾ ਦੁਖੁ ਸੁਖੁ ਇਕੁ ਕਰਿ ਦਿਲ ਤੇ ਲਾਹਿ ਵਿਕਾਰੁ॥		Fareedhaa Dhukh Sukh Eik Kar Dhil Thae Laahi Vikaar ||	Fareed, look upon pleasure and pain as the same; eradicate corruption from your heart.	ਹੇ ਫਰੀਦ! (ਅੰਮ੍ਰਿਤ ਵੇਲੇ ਉੱਠ ਕੇ ਰੱਬੀ ਯਾਦ ਦੇ ਅੱਭਿਆਸ ਨਾਲ ਜੀਵਨ ਵਿਚ ਵਾਪਰਦੇ) ਦੁੱਖ ਤੇ ਸੁੱਖ ਨੂੰ ਇੱਕੋ ਜੇਹਾ ਜਾਣ, ਦਿਲ ਤੋਂ ਪਾਪ ਕੱਢ ਦੇਹ,

59009	1383	ਅਲਹ ਭਾਵੈ ਸੋ ਭਲਾ ਤਾਂ ਲਭੀ ਦਰਬਾਰੁ॥੧੦੯॥	ਅੱਲਹ	Aleh Bhaavai So Bhalaa Thaan Labhee Dharabaar ||109||	Whatever pleases the Lord God is good; understand this, and you will reach His Court. ||109||	ਜੋ ਰੱਬ ਦੀ ਰਜ਼ਾ ਵਿਚ ਵਰਤੇ ਉਸ ਨੂੰ ਉਸ ਨੂੰ ਚੰਗਾ ਜਾਣ, ਤਾਂ ਤੈਨੂੰ (ਪਰਮਾਤਮਾ ਦੀ) ਦਰਗਾਹ ਦੀ ਪ੍ਰਾਪਤੀ ਹੋਵੇਗੀ ॥੧੦੯॥
59010	1383	ਮਃ ੫॥		Ma 5 ||	Fifth Mehl:	
59011	1383	ਫਰੀਦਾ ਦੁਨੀ ਵਜਾਈ ਵਜਦੀ ਤੂੰ ਭੀ ਵਜਹਿ ਨਾਲਿ॥		Fareedhaa Dhunee Vajaaee Vajadhee Thoon Bhee Vajehi Naal ||	Fareed, the world dances as it dances, and you dance with it as well.	ਹੇ ਫਰੀਦ! ਦੁਨੀਆ ਦੇ ਲੋਕ (ਵਾਜੇ ਹਨ ਜੋ ਮਾਇਆ ਦੇ) ਵਜਾਏ ਹੋਏ ਵੱਜ ਰਹੇ ਹਨ, ਤੂੰ ਭੀ ਉਹਨਾਂ ਦੇ ਨਾਲ ਹੀ ਵੱਜ ਰਿਹਾ ਹੈਂ, (ਭਾਵ, ਮਾਇਆ ਦਾ ਨਚਾਇਆ ਨੱਚ ਰਿਹਾ ਹੈਂ)।
59012	1383	ਸੋਈ ਜੀਉ ਨ ਵਜਦਾ ਜਿਸੁ ਅਲਹੁ ਕਰਦਾ ਸਾਰ॥੧੧੦॥	ਅੱਲਹੁ	Soee Jeeo N Vajadhaa Jis Alahu Karadhaa Saar ||110||	That soul alone does not dance with it, who is under the care of the Lord God. ||110||	ਉਹੀ (ਭਾਗਾਂ ਵਾਲਾ) ਜੀਵ (ਮਾਇਆ ਦਾ ਵਜਾਇਆ ਹੋਇਆ) ਨਹੀਂ ਵੱਜਦਾ, ਜਿਸ ਦੀ ਸੰਭਾਲ (ਰਾਖੀ) ਪਰਮਾਤਮਾ ਆਪ ਕਰਦਾ ਹੈ (ਸੋ, ਅੰਮ੍ਰਿਤ ਵੇਲੇ ਉੱਠ ਕੇ ਉਸ ਦੀ ਯਾਦ ਵਿਚ ਜੁੜ, ਤਾਕਿ ਤੇਰੀ ਭੀ ਸੰਭਾਲ ਹੋ ਸਕੇ) ॥੧੧੦॥
59013	1383	ਮਃ ੫॥	ਰੱਤਾ	Ma 5 ||	Fifth Mehl:	

59014	1383	ਫਰੀਦਾ ਦਿਲੁ ਰਤਾ ਇਸੁ ਦੁਨੀ ਸਿਉ ਦੁਨੀ ਨ ਕਿਤੈ ਕੰਮਿ॥		Fareedhaa Dhil Rathaa Eis Dhunee Sio Dhunee N Kithai Kanm ||	Fareed, the heart is imbued with this world, but the world is of no use to it at all.	ਹੇ ਫਰੀਦ! (ਅੰਮ੍ਰਿਤ ਵੇਲੇ ਉੱਠਣਾ ਹੀ ਕਾਫ਼ੀ ਨਹੀਂ; ਉਸ ਉੱਠਣ ਦੀ ਕੀਹ ਲਾਭ ਜੇ ਉਸ ਵੇਲੇ ਭੀ) ਦਿਲ ਦੁਨੀਆ (ਦੇ ਪਦਾਰਥਾਂ) ਨਾਲ ਹੀ ਰੰਗਿਆ ਰਿਹਾ? ਦੁਨੀਆ (ਅੰਤ ਵੇਲੇ) ਕਿਸੇ ਕੰਮ ਨਹੀਂ ਆਉਂਦੀ।
59015	1384	ਮਿਸਲ ਫਕੀਰਾਂ ਗਾਖੜੀ ਸੁ ਪਾਈਐ ਪੂਰ ਕਰੰਮਿ॥੧੧੧॥	ਗੱਖੜੀ	Misal Fakeeraan Gaakharree S Paaeeai Poor Karanm ||111||	It is so difficult to be like the fakeers - the Holy Saints; it is only achieved by perfect karma. ||111||	(ਉੱਠ ਕੇ ਰੱਬ ਨੂੰ ਯਾਦ ਕਰ, ਇਹ) ਫ਼ਕੀਰਾਂ ਵਾਲੀ ਰਹਿਣੀ ਬੜੀ ਔਖੀ ਹੈ, ਤੇ ਮਿਲਦੀ ਹੈ ਵੱਡੇ ਭਾਗਾਂ ਨਾਲ ॥੧੧੧॥
59016	1384	ਪਹਿਲੈ ਪਹਰੈ ਫੁਲੜਾ ਫਲੁ ਭੀ ਪਛਾ ਰਾਤਿ॥	ਫੁੱਲੜਾ	Pehilai Peharai Fularraa Fal Bhee Pashhaa Raath ||	The first watch of the night brings flowers, and the later watches of the night bring fruit.	(ਰਾਤ ਦੇ) ਪਹਿਲੇ ਪਹਿਰ ਦੀ ਬੰਦਗੀ (ਮਾਨੋ) ਇਕ ਸੋਹਣਾ ਜਿਹਾ ਫੁੱਲ ਹੈ, ਫਲ ਅੰਮ੍ਰਿਤ ਵੇਲੇ ਦੀ ਬੰਦਗੀ ਹੀ ਹੋ ਸਕਦੀ ਹੈ।
59017	1384	ਜੋ ਜਾਗੰਨ੍ਹਿ ਲਹੰਨਿ ਸੇ ਸਾਈ ਕੰਨੋ ਦਾਤਿ॥੧੧੨॥	ਲ-ਹੰਨਿ,ਸਾਂਈਂ	Jo Jaagannih Lehann Sae Saaee Kanno Dhaath ||112||	Those who remain awake and aware, receive the gifts from the Lord. ||112||	ਜੋ ਬੰਦੇ (ਅੰਮ੍ਰਿਤ ਵੇਲੇ) ਜਾਗਦੇ ਹਨ ਉਹ ਪਰਮਾਤਮਾ ਪਾਸੋਂ ਬਖ਼ਸ਼ਸ਼ ਹਾਸਲ ਕਰਦੇ ਹਨ ॥੧੧੨॥
59018	1384	ਦਾਤੀ ਸਾਹਿਬ ਸੰਦੀਆ ਕਿਆ ਚਲੈ ਤਿਸੁ ਨਾਲਿ॥	ਦਾਤੀਂ	Dhaathee Saahib Sandheeaa Kiaa Chalai This Naal ||	The gifts are from our Lord and Master; who can force Him to bestow them?	ਬਖ਼ਸ਼ਸ਼ਾਂ ਮਾਲਕ ਦੀਆਂ (ਆਪਣੀਆਂ) ਹਨ। ਉਸ ਮਾਲਕ ਨਾਲ (ਕਿਸੇ ਦਾ) ਕੀਹ ਜ਼ੋਰ ਚੱਲ ਸਕਦਾ ਹੈ?

59019	1384	ਇਕਿ ਜਾਗੰਦੇ ਨਾ ਲਹਨਿ ਇਕਨਾ ਸੁਤਿਆ ਦੇਇ ਉਠਾਲਿ॥੧੧੩॥	(ਨਾ) ਨਾਮੁ (ਲਹਨਿ) ਪ੍ਰਾਪਤ ਕਰਦੇ ਹਨ, ਅੱਗੇ ਸੁੱਤਿਆਂ ਨੂੰ ਨਾਮ ਬਖ਼ਸ਼ ਕੇ ਉਠਾਲ ਦਿੰਦੇ ਹਨ	Eik Jaagandhae Naa Lehanih Eikanhaa Suthiaa Dhaee Outhaal ||113||	Some are awake, and do not receive them, while He awakens others from sleep to bless them. ||113||	ਕਈ (ਅੰਮ੍ਰਿਤ ਵੇਲੇ) ਜਾਗਦੇ ਭੀ (ਇਹ ਬਖ਼ਸ਼ਸ਼ਾਂ) ਨਹੀਂ ਲੈ ਸਕਦੇ, ਕਈ (ਭਾਗਾਂ ਵਾਲਿਆਂ ਨੂੰ) ਸੁੱਤੇ ਪਿਆਂ ਨੂੰ (ਉਹ ਆਪ) ਜਗਾ ਦੇਂਦਾ ਹੈ (ਭਾਵ, ਕਈ ਅੰਮ੍ਰਿਤ ਵੇਲੇ ਜਾਗੇ ਹੋਏ ਭੀ ਕਿਸੇ ਅਹੰਕਾਰ ਆਦਿਕ-ਰੂਪ ਮਾਇਆ ਵਿਚ ਸੁੱਤੇ ਰਹਿ ਜਾਂਦੇ ਹਨ, ਤੇ, ਕਈ ਗ਼ਾਫ਼ਿਲਾਂ ਨੂੰ ਮੇਹਰ ਕਰ ਕੇ ਆਪ ਸੂਝ ਦੇ ਦੇਂਦਾ ਹੈ) ॥੧੧੩॥
59020	1384	ਢੂਢੇਦੀਏ ਸੁਹਾਗ ਕੂ ਤਉ ਤਨਿ ਕਾਈ ਕੋਰ॥	(ਕੋਰ) ਕਾਣ	Dtoodtaedheeeae Suhaag Koo Tho Than Kaaee Kor ||	You search for your Husband Lord; you must have some fault in your body.	ਸੁਹਾਗ (-ਪਰਮਾਤਮਾ) ਨੂੰ ਭਾਲਣ ਵਾਲੀਏ (ਹੇ ਜੀਵ ਇਸਤ੍ਰੀਏ!) (ਤੂੰ ਅੰਮ੍ਰਿਤ ਵੇਲੇ ਉੱਠ ਕੇ ਪਤੀ-ਪਰਮਾਤਮਾ ਨੂੰ ਮਿਲਣ ਲਈ ਬੰਦਗੀ ਕਰਦੀ ਹੈਂ ਪਰ ਤੈਨੂੰ ਅਜੇ ਭੀ ਨਹੀਂ ਮਿਲਿਆ) ਤੇਰੇ ਆਪਣੇ ਅੰਦਰ ਹੀ ਕੋਈ ਕਸਰ ਹੈ।
59021	1384	ਜਿਨ੍ਹਾ ਨਾਉ ਸੁਹਾਗਣੀ ਤਿਨ੍ਹਾ ਝਾਕ ਨ ਹੋਰ॥੧੧੪॥		Jinhaa Naao Suhaaganee Thinhaa Jhaak N Hor ||114||	Those who are known as happy soul-brides, do not look to others. ||114||	ਜਿਨ੍ਹਾਂ ਦਾ ਨਾਮ 'ਸੋਹਾਗਣਾਂ' ਹੈ ਉਹਨਾਂ ਦੇ ਅੰਦਰ ਕੋਈ ਹੋਰ ਟੇਕ ਨਹੀਂ ਹੁੰਦੀ (ਭਾਵ, ਪਤੀ-ਮਿਲਾਪ ਦੀ 'ਦਾਤਿ' ਉਹਨਾਂ ਨੂੰ ਹੀ ਮਿਲਦੀ ਹੈ ਜੋ ਅੰਮ੍ਰਿਤ ਵੇਲੇ ਉੱਠਣ ਦਾ ਕੋਈ 'ਹੱਕ' ਨਹੀਂ ਜਮਾਂਦੀਆਂ) ॥੧੧੪॥

59022	1384	ਸਬਰ ਮੰਝ ਕਮਾਣ ਏ ਸਬਰੁ ਕਾ ਨੀਹਣੋ॥	(ਮੰਝ) ਹਿਰਦੇ ਚ। (ਸਬਰ) ਸੰਤੋਖ। (ਨੀਹਣੋ) ਚਿੱਲਾ,ਸਬਰੁ: ਪੋਲਾ ਬੋਲੋ	Sabar Manjh Kamaan Eae Sabar Kaa Neehano ||	Within yourself, make patience the bow, and make patience the bowstring.	ਜੇ ਮਨ ਵਿਚ ਇਸ ਸਬਰ ਦੀ ਕਮਾਨ ਹੋਵੇ, ਜੇ ਸਬਰ ਹੀ ਕਮਾਣ ਦਾ ਚਿੱਲਾ ਹੋਵੇ,
59023	1384	ਸਬਰ ਸੰਦਾ ਬਾਣੁ ਖਾਲਕੁ ਖਤਾ ਨ ਕਰੀ॥੧੧੫॥	(ਸੰਦਾ) ਦਾ। ਐਸੇ ਮਹਾਂਪੁਰਖ (ਖਾਲਕ) ਰੱਬ ਸਰੂਪ ਹਨ, (ਸਬਰ) ਅੰਦਰਿ ਸਾਬਰੀ ਹੋਣੇ ਕਰਕੇ (ਖਤਾ) ਗੁਨਾਹ ਨਹੀਂ ਕਰਦੇ। ਖਤਾ: ਪੋਲਾ ਬੋਲੋ	Sabar Sandhaa Baan Khaalak Khathaa N Karee ||115||	Make patience the arrow, the Creator will not let you miss the target. ||115||	ਸਬਰ ਦਾ ਹੀ ਤੀਰ ਹੋਵੇ, ਤਾਂ ਪਰਮਾਤਮਾ (ਇਸ ਦਾ ਨਿਸ਼ਾਨਾ) ਖੁੰਝਣ ਨਹੀਂ ਦੇਂਦਾ ॥੧੧੫॥
59024	1384	ਸਬਰ ਅੰਦਰਿ ਸਾਬਰੀ ਤਨੁ ਏਵੈ ਜਾਲੇਨਿ॥	ਇਉਂ ਅਪਣੇ ਸ੍ਰੀਰ ਨੂੰ ਸਬਰ ਚ (ਜਾਲੇਨਿ) ਜਲਾਉਂਦੇ, ਪ੍ਰਕਾਸ਼ ਸਰੂਪ ਬਣਾਉਂਦੇ ਹਨ, ਭਾਵ ਸ੍ਰੀਰ ਪ੍ਰਕਾਸ਼ ਹੀ ਪ੍ਰਕਾਸ਼ (ਸਬਰ) ਬ੍ਰਹਮ ਸਰੂਪ ਹੀ ਹੋ ਜਾਂਦਾ ਹੈ	Sabar Andhar Saabaree Than Eaevai Jaalaenih ||	Those who are patient abide in patience; in this way, they burn their bodies.	ਸਬਰ ਵਾਲੇ ਬੰਦੇ ਸਬਰ ਵਿਚ ਰਹਿ ਕੇ ਇਸੇ ਤਰ੍ਹਾਂ (ਸਦਾ ਸਬਰ ਵਿਚ ਹੀ) ਬੰਦਗੀ ਦੀ ਘਾਲ ਘਾਲਦੇ ਹਨ,
59025	1384	ਹੋਨਿ ਨਜੀਕਿ ਖੁਦਾਇ ਦੈ ਭੇਤੁ ਨ ਕਿਸੈ ਦੇਨਿ॥੧੧੬॥	(ਭੇਤੁ) ਜੁਦਾਈ ਫ਼ਰਕ। (ਕਿਸੈ) ਕਿਸੇ ਔਗੁਣ ਕਰਕੇ	Hon Najeek Khudhaae Dhai Bhaeth N Kisai Dhaen ||116||	They are close to the Lord, but they do not reveal their secret to anyone. ||116||	(ਇਸ ਤਰ੍ਹਾਂ ਉਹ) ਰੱਬ ਦੇ ਨੇੜੇ ਹੁੰਦੇ ਜਾਂਦੇ ਹਨ, ਤੇ ਕਿਸੇ ਨੂੰ ਆਪਣੇ ਦਿਲ ਦਾ ਭੇਤ ਨਹੀਂ ਦੇਂਦੇ ॥੧੧੬॥

59026	1384	ਸਬਰੁ ਏਹੁ ਸੁਆਉ ਜੇ ਤੂੰ ਬੰਦਾ ਦਿੜੁ ਕਰਹਿ॥		Sabar Eaehu Suaao Jae Thoon Bandhaa Dhirr Karehi ||	Let patience be your purpose in life; implant this within your being.	ਹੇ ਬੰਦੇ! ਇਹ ਸਬਰ ਹੀ ਜ਼ਿੰਦਗੀ ਦਾ ਅਸਲ ਨਿਸ਼ਾਨਾ ਹੈ। ਜੇ ਤੂੰ (ਸਬਰ ਨੂੰ ਹਿਰਦੇ ਵਿਚ) ਪੱਕਾ ਕਰ ਲਏਂ,
59027	1384	ਵਧਿ ਥੀਵਹਿ ਦਰੀਆਉ ਟੁਟਿ ਨ ਥੀਵਹਿ ਵਾਹੜਾ॥੧੧੭॥	ਅਕਾਲ ਜੀ ਰੂਪੀ (ਦਰੀ-ਆਉ) ਸਮੁੰਦ੍ਰ। ਜੀਵ ਰੂਪ (ਨਾਲ਼ਾ) ਵਾਹੜਾ	Vadhh Thheevehi Dhareeaao Ttutt N Thheevehi Vaaharraa ||117||	In this way, you will grow into a great river; you will not break off into a tiny stream. ||117||	ਤਾਂ ਤੂੰ ਵਧ ਕੇ ਦਰੀਆ ਹੋ ਜਾਹਿੰਗਾ, (ਪਰ) ਘਟ ਕੇ ਨਿੱਕਾ ਜਿਹਾ ਵਹਣ ਨਹੀਂ ਬਣੇਂਗਾ (ਭਾਵ, ਸਬਰ ਵਾਲਾ ਜੀਵਨ ਬਣਾਇਆਂ ਤੇਰਾ ਦਿਲ ਵਧ ਕੇ ਦਰਿਆ ਹੋ ਜਾਇਗਾ, ਤੇਰੇ ਦਿਲ ਵਿਚ ਸਾਰੇ ਜਗਤ ਵਾਸਤੇ ਪਿਆਰ ਪੈਦਾ ਹੋ ਜਾਇਗਾ, ਤੇਰੇ ਅੰਦਰ ਤੰਗ-ਦਿਲੀ ਨਹੀਂ ਰਹਿ ਜਾਇਗੀ) ॥੧੧੭॥
59028	1384	ਫਰੀਦਾ ਦਰਵੇਸੀ ਗਾਖੜੀ ਚੋਪੜੀ ਪਰੀਤਿ॥	ਗੱਖੜੀ	Fareedhaa Dharavaesee Gaakharree Choparree Pareeth ||	Fareed, it is difficult to be a dervish - a Holy Saint; it is easier to love bread when it is buttered.	ਹੇ ਫਰੀਦ! (ਇਹ ਸਬਰ ਵਾਲਾ ਜੀਵਨ ਅਸਲ) ਫ਼ਕੀਰੀ (ਹੈ, ਤੇ ਇਹ) ਔਖੀ (ਕਾਰ) ਹੈ, ਪਰ (ਹੇ ਫਰੀਦ! ਰੱਬ ਨਾਲ ਤੇਰੀ) ਪ੍ਰੀਤ ਤਾਂ ਉਪਰੋਂ ਉਪਰੋਂ ਹੈ।
59029	1384	ਇਕਨਿ ਕਿਨੈ ਚਾਲੀਐ ਦਰਵੇਸਾਵੀ ਰੀਤਿ॥੧੧੮॥	(ਦਰਵੇਸਾਵੀਂ)ਫੱਕਰਾਂ, ਦਰਵੇਸਾਂ ਵਾਲੀ। ਚੱਾਲੀਐ	Eikan Kinai Chaaleeai Dharavaesaavee Reeth ||118||	Only a rare few follow the way of the Saints. ||118||	ਫ਼ਕੀਰਾਂ ਦੀ (ਇਹ ਸਬਰ ਵਾਲੀ) ਕਾਰ ਕਿਸੇ ਵਿਰਲੇ ਬੰਦੇ ਨੇ ਕਮਾਈ ਹੈ ॥੧੧੮॥

59030	1384	ਤਨੁ ਤਪੈ ਤਨੂਰ ਜਿਉ ਬਾਲਣੁ ਹਡ ਬਲੰਨਿ॥	ਹੱਡ, ਬ-ਲੰਨਿ	Than Thapai Thanoor Jio Baalan Hadd Balannih ||	My body is cooking like an oven; my bones are burning like firewood.	ਮੇਰਾ ਸਰੀਰ (ਬੇਸ਼ੱਕ) ਤਨੂਰ ਵਾਂਗ ਤਪੇ, ਮੇਰੇ ਹੱਡ (ਬੇਸ਼ੱਕ ਇਉਂ) ਬਲਣ ਜਿਵੇਂ ਬਾਲਣ (ਬਲਦਾ) ਹੈ।
59031	1384	ਪੈਰੀ ਥਕਾਂ ਸਿਰਿ ਜੁਲਾਂ ਜੇ ਮੂੰ ਪਿਰੀ ਮਿਲੰਨਿ॥੧੧੯॥	ਪੈਰੀਂ, ਥੱਕਾਂ, ਜੁਲਾਂ: ਪੋਲਾ ਬੋਲੋ। ਮਿ-ਲੰਨਿ	Pairee Thhakaan Sir Julaan Jae Moon Piree Milannih ||119||	If my feet become tired, I will walk on my head, if I can meet my Beloved. ||119||	(ਪਿਆਰੇ ਰੱਬ ਨੂੰ ਮਿਲਣ ਦੇ ਰਾਹ ਤੇ ਜੇ ਮੈਂ) ਪੈਰਾਂ ਨਾਲ (ਤੁਰਦਾ ਤੁਰਦਾ) ਥੱਕ ਜਾਵਾਂ, ਤਾਂ ਮੈਂ ਸਿਰ ਭਾਰ ਤੁਰਨ ਲੱਗ ਪਵਾਂ। (ਮੈਂ ਇਹ ਸਾਰੇ ਔਖ ਸਹਾਰਨ ਨੂੰ ਤਿਆਰ ਹਾਂ) ਜੇ ਮੈਨੂੰ ਪਿਆਰੇ ਰੱਬ ਜੀ ਮਿਲ ਪੈਣ (ਭਾਵ, ਰੱਬ ਨੂੰ ਮਿਲਣ ਵਾਸਤੇ ਜੇ ਇਹ ਜ਼ਰੂਰੀ ਹੋਵੇ ਕਿ ਸਰੀਰ ਨੂੰ ਧੂਣੀਆਂ ਤਪਾ ਤਪਾ ਕੇ ਦੁਖੀ ਕੀਤਾ ਜਾਏ, ਤਾਂ ਮੈਂ ਇਹ ਕਸ਼ਟ ਸਹਾਰਨ ਨੂੰ ਭੀ ਤਿਆਰ ਹਾਂ) ॥੧੧੯॥
59032	1384	ਤਨੁ ਨ ਤਪਾਇ ਤਨੂਰ ਜਿਉ ਬਾਲਣੁ ਹਡ ਨ ਬਾਲਿ॥		Than N Thapaae Thanoor Jio Baalan Hadd N Baal ||	Do not heat up your body like an oven, and do not burn your bones like firewood.	ਸਰੀਰ ਨੂੰ (ਧੂਣੀਆਂ ਨਾਲ) ਤਨੂਰ ਵਾਂਗ ਨਾਹ ਸਾੜ; ਤੇ ਹੱਡਾਂ ਨੂੰ ਇਉਂ ਨਾਹ ਬਾਲ ਜਿਵੇਂ ਇਹ ਬਾਲਣ ਹੈ।
59033	1384	ਸਿਰਿ ਪੈਰੀ ਕਿਆ ਫੇੜਿਆ ਅੰਦਰਿ ਪਿਰੀ ਨਿਹਾਲਿ॥੧੨੦॥	ਪੈਰੀਂ	Sir Pairee Kiaa Faerriaa Andhar Piree Nihaal ||120||	What harm have your feet and head done to you? Behold your Beloved within yourself. ||120||	ਸਿਰ ਨੇ ਤੇ ਪੈਰਾਂ ਨੇ ਕੁਝ ਨਹੀਂ ਵਿਗਾੜਿਆ ਹੈ, (ਇਸ ਵਾਸਤੇ ਇਹਨਾਂ ਨੂੰ ਦੁਖੀ ਨਾਹ ਕਰ) ਪਰਮਾਤਮਾ ਨੂੰ ਆਪਣੇ ਅੰਦਰ ਵੇਖ ॥੧੨੦॥

59034	1384	ਹਉ ਢੂਢੇਦੀ ਸਜਣਾ ਸਜਣੁ ਮੈਡੇ ਨਾਲਿ॥		Ho Dtoodtaedhee Sajanaa Sajan Maiddae Naal ||	I search for my Friend, but my Friend is already with me.	ਮੈਂ (ਜੀਵ-ਇਸਤ੍ਰੀ) ਸੱਜਣ (-ਪ੍ਰਭੂ) ਨੂੰ (ਬਾਹਰ) ਭਾਲ ਰਹੀ ਹਾਂ, (ਪਰ ਉਹ) ਸੱਜਣ (ਤਾਂ) ਮੇਰੇ ਹਿਰਦੇ ਵਿਚ ਵੱਸ ਰਿਹਾ ਹੈ।
59035	1384	ਨਾਨਕ ਅਲਖੁ ਨ ਲਖੀਐ ਗੁਰਮੁਖਿ ਦੇਇ ਦਿਖਾਲਿ॥੧੨੧॥		Naanak Alakh N Lakheeai Guramukh Dhaee Dhikhaal ||121||	O Nanak, the Unseen Lord cannot be seen; He is revealed only to the Gurmukh. ||121||	ਹੇ ਨਾਨਕ! ਉਸ (ਸੱਜਣ) ਦਾ ਕੋਈ ਲੱਛਣ ਨਹੀਂ, (ਆਪਣੇ ਉੱਦਮ ਨਾਲ ਜੀਵ ਪਾਸੋਂ) ਉਹ ਪਛਾਣਿਆ ਨਹੀਂ ਜਾ ਸਕਦਾ, ਸਤਿਗੁਰੂ ਵਿਖਾਲ ਦੇਂਦਾ ਹੈ ॥੧੨੧॥
59036	1384	ਹੰਸਾ ਦੇਖਿ ਤਰੰਦਿਆ ਬਗਾ ਆਇਆ ਚਾਉ॥	ਹੰਸਾਂ। ਬੱਗਾਂ	Hansaa Dhaekh Tharandhiaa Bagaa Aaeiaa Chaao ||	Seeing the swans swimming, the cranes became excited.	ਹੰਸਾਂ ਨੂੰ ਤਰਦਿਆਂ ਵੇਖ ਕੇ ਬਗਲਿਆਂ ਨੂੰ ਭੀ ਚਾਉ ਆ ਗਿਆ,
59037	1384	ਡੁਬਿ ਮੁਏ ਬਗ ਬਪੁੜੇ ਸਿਰੁ ਤਲਿ ਉਪਰਿ ਪਾਉ॥੧੨੨॥		Ddub Mueae Bag Bapurrae Sir Thal Oupar Paao ||122||	The poor cranes were drowned to death, with their heads below the water and their feet sticking out above. ||122||	ਪਰ ਵਿਚਾਰੇ ਬਗਲੇ (ਇਹ ਉੱਦਮ ਕਰਦੇ) ਸਿਰ ਹੇਠਾਂ ਤੇ ਪੈਰ ਉੱਪਰ (ਹੋ ਕੇ) ਡੁੱਬ ਕੇ ਮਰ ਗਏ ॥੧੨੨॥
59038	1384	ਮੈ ਜਾਣਿਆ ਵਡ ਹੰਸੁ ਹੈ ਤਾਂ ਮੈ ਕੀਤਾ ਸੰਗੁ॥		Mai Jaaniaa Vadd Hans Hai Thaan Mai Keethaa Sang ||	I knew him as a great swan, so I associated with him.	ਮੈਂ ਸਮਝਿਆ ਕਿ ਇਹ ਕੋਈ ਵੱਡਾ ਹੰਸ ਹੈ, ਇਸੇ ਕਰ ਕੇ ਮੈਂ ਉਸ ਦੀ ਸੰਗਤ ਕੀਤੀ।

59039	1384	ਜੇ ਜਾਣਾ ਬਗੁ ਬਪੁੜਾ ਜਨਮਿ ਨ ਭੇੜੀ ਅੰਗੁ॥੧੨੩॥		Jae Jaanaa Bag Bapurraa Janam N Bhaerree Ang ||123||	If I had known that he was a only wretched crane, I would never in my life have crossed paths with him. ||123||	ਪਰ ਜੇ ਮੈਨੂੰ ਪਤਾ ਹੁੰਦਾ ਕਿ ਇਹ ਤਾਂ ਨਕਾਰਾ ਬਗਲਾ ਹੈ, ਤਾਂ ਮੈਂ ਕਦੇ ਉਸ ਦੇ ਨੇੜੇ ਨਾਹ ਢੁਕਦੀ ॥੧੨੩॥
59040	1384	ਕਿਆ ਹੰਸੁ ਕਿਆ ਬਗੁਲਾ ਜਾ ਕਉ ਨਦਰਿ ਧਰੇ॥		Kiaa Hans Kiaa Bagulaa Jaa Ko Nadhar Dhharae ||	Who is a swan, and who is a crane, if God blesses him with His Glance of Grace?	ਭਾਵੇਂ ਹੋਵੇ ਹੰਸ ਤੇ ਭਾਵੇਂ ਬਗਲਾ, ਜਿਸ ਉਤੇ (ਪ੍ਰਭੂ) ਕਿਰਪਾ ਦੀ ਨਜ਼ਰ ਕਰੇ (ਉਸ ਨੂੰ ਆਪਣਾ ਬਣਾ ਲੈਂਦਾ ਹੈ; ਸੋ ਕਿਸੇ ਤੋਂ ਨਫ਼ਰਤਿ ਕਿਉਂ?)
59041	1384	ਜੇ ਤਿਸੁ ਭਾਵੈ ਨਾਨਕਾ ਕਾਗਹੁ ਹੰਸੁ ਕਰੇ॥੧੨੪॥		Jae This Bhaavai Naanakaa Kaagahu Hans Karae ||124||	If it pleases Him, O Nanak, He changes a crow into a swan. ||124||	ਹੇ ਨਾਨਕ! ਜੇ ਪਰਮਾਤਮਾ ਨੂੰ ਚੰਗਾ ਲੱਗੇ ਤਾਂ (ਬਗਲਾ ਤਾਂ ਕਿਤੇ ਰਿਹਾ, ਉਹ) ਕਾਂ ਤੋਂ (ਭੀ) ਹੰਸ ਬਣਾ ਦੇਂਦਾ ਹੈ (ਭਾਵ, ਬੜੇ ਵਿਕਾਰੀ ਨੂੰ ਭੀ ਸੁਧਾਰ ਲੈਂਦਾ ਹੈਂ) ॥੧੨੪॥
59042	1384	ਸਰਵਰ ਪੰਖੀ ਹੇਕੜੋ ਫਾਹੀਵਾਲ ਪਚਾਸ॥		Saravar Pankhee Haekarro Faaheevaal Pachaas ||	There is only one bird in the lake, but there are fifty trappers.	(ਜਗਤ-ਰੂਪ) ਤਲਾਬ ਦਾ (ਇਹ ਜੀਵ-ਰੂਪ) ਪੰਛੀ ਇਕੱਲਾ ਹੀ ਹੈ, ਫਸਾਉਣ ਵਾਲੇ (ਕਾਮਾਦਿਕ) ਪੰਜਾਹ ਹਨ।

59043	1384	ਇਹੁ ਤਨੁ ਲਹਰੀ ਗਡੁ ਥਿਆ ਸਚੇ ਤੇਰੀ ਆਸ॥੧੨੫॥	ਇਹ ਤਨੁ ਸ੍ਰੀਰ ਭੈੜੀਆਂ ਵਾਸ਼ਨਾਂ ਰੂਪ ਲਹਰੀ ਲਹਿਰਾਂ ਦੀ (ਗਡੁ) ਮੱਛੀ (ਥਿਆ) ਹੋ ਗਿਆ ਹੈ	Eihu Than Leharee Gadd Thhiaa Sachae Thaeree Aas ||125||	This body is caught in the waves of desire. O my True Lord, You are my only hope! ||125||	(ਮੇਰਾ) ਇਹ ਸਰੀਰ (ਸੰਸਾਰ-ਰੂਪ ਤਲਾਬ ਦੀਆਂ ਵਿਕਾਰਾਂ ਰੂਪ) ਲਹਿਰਾਂ ਵਿਚ ਫਸ ਗਿਆ ਹੈ। ਹੇ ਸੱਚੇ (ਪ੍ਰਭੂ)! (ਇਹਨਾਂ ਤੋਂ ਬਚਣ ਲਈ) ਇੱਕ ਤੇਰੀ (ਸਹੈਤਾ ਦੀ ਹੀ) ਆਸ ਹੈ (ਇਸ ਵਾਸਤੇ ਤੈਨੂੰ ਮਿਲਣ ਲਈ ਜੇ ਤਪ ਤਪਣੇ ਪੈਣ ਤਾਂ ਭੀ ਸੌਦਾ ਸਸਤਾ ਹੈ) ॥੧੨੫॥
59044	1384	ਕਵਣੁ ਸੁ ਅਖਰੁ ਕਵਣੁ ਗੁਣੁ ਕਵਣੁ ਸੁ ਮਣੀਆ ਮੰਤੁ॥	(ਅੱਖਰ) ਉਪਦੇਸ, ਬ੍ਰਹਮ। (ਮਣੀਆ) ਸ਼੍ਰੋਮਣੀ, ਮਣੀਆਂ ਰੂਪ। ਮਣੀਆ: ਬਿੰਦੀ ਨਹੀਂ ਲਾਉਣੀ	Kavan S Akhar Kavan Gun Kavan S Maneeaa Manth ||	What is that word, what is that virtue, and what is that magic mantra?	(ਹੇ ਭੈਣ!) ਉਹ ਕੇਹੜਾ ਅੱਖਰ ਹੈ? ਉਹ ਕੇਹੜਾ ਗੁਣ ਹੈ? ਉਹ ਕੇਹੜਾ ਸ਼ਿਰੋਮਣੀ ਮੰਤਰ ਹੈ?
59045	1384	ਕਵਣੁ ਸੁ ਵੇਸੋ ਹਉ ਕਰੀ ਜਿਤੁ ਵਸਿ ਆਵੈ ਕੰਤੁ॥੧੨੬॥		Kavan S Vaeso Ho Karee Jith Vas Aavai Kanth ||126||	What are those clothes, which I can wear to captivate my Husband Lord? ||126||	ਉਹ ਕੇਹੜਾ ਵੇਸ ਮੈਂ ਕਰਾਂ ਜਿਸ ਨਾਲ (ਮੇਰਾ) ਖਸਮ (ਮੇਰੇ) ਵੱਸ ਵਿਚ ਆ ਜਾਏ? ॥੧੨੬॥
59046	1384	ਨਿਵਣੁ ਸੁ ਅਖਰੁ ਖਵਣੁ ਗੁਣੁ ਜਿਹਬਾ ਮਣੀਆ ਮੰਤੁ॥		Nivan S Akhar Khavan Gun Jihabaa Maneeaa Manth ||	Humility is the word, forgiveness is the virtue, and sweet speech is the magic mantra.	ਹੇ ਭੈਣ! ਨਿਊਣਾ ਅੱਖਰ ਹੈ, ਸਹਾਰਨਾ ਗੁਣ ਹੈ, ਮਿੱਠਾ ਬੋਲਣਾ ਸ਼ਿਰੋਮਣੀ ਮੰਤਰ ਹੈ।

59047	1384	ਏ ਤ੍ਰै ਭੈਣੇ ਵੇਸ ਕਰਿ ਤਾਂ ਵਸਿ ਆਵੀ ਕੰਤੁ॥੧੨੭॥		Eae Thrai Bhainae Vaes Kar Thaan Vas Aavee Kanth ||127||	Wear these three robes, O sister, and you will captivate your Husband Lord. ||127||	ਜੇ ਇਹ ਤਿੰਨ ਵੇਸ ਕਰ ਲਏਂ ਤਾਂ (ਮੇਰਾ) ਖਸਮ (ਤੇਰੇ) ਵੱਸ ਵਿਚ ਆ ਜਾਇਗਾ ॥੧੨੭॥
59048	1384	ਮਤਿ ਹੋਦੀ ਹੋਇ ਇਆਣਾ॥		Math Hodhee Hoe Eiaanaa ||	If you are wise, be simple;	(ਜੋ ਮਨੁੱਖ) ਅਕਲ ਹੁੰਦਿਆਂ ਭੀ ਅੰਞਾਣਾ ਬਣੇ (ਭਾਵ, ਅਕਲ ਦੇ ਤ੍ਰਾਣ ਦੂਜਿਆਂ ਤੇ ਕੋਈ ਦਬਾਉ ਨ ਪਾਏ),
59049	1384	ਤਾਣ ਹੋਦੇ ਹੋਇ ਨਿਤਾਣਾ॥		Thaan Hodhae Hoe Nithaanaa ||	If you are powerful, be weak;	ਜ਼ੋਰ ਹੁੰਦਿਆਂ ਕਮਜ਼ੋਰਾਂ ਵਾਂਗ ਜੀਵੇ (ਭਾਵ, ਕਿਸੇ ਉਤੇ ਧੱਕਾ ਨਾ ਕਰੇ),
59050	1384	ਅਣਹੋਦੇ ਆਪੁ ਵੰਡਾਏ॥	(ਅਣਹੋਦੇ) ਨਿੱਜ ਹੋਏ, ਭੈੜੇ (ਆਪੁ) ਹੰਕਾਰ ਨੂੰ ਸਤਿਗੁਰਾਂ ਤੋਂ (ਵੰਡਾਏ) ਨਾਸ ਕਰਾਵੇ	Anehodhae Aap Vanddaaeae ||	And when there is nothing to share, then share with others.	ਜਦੋਂ ਕੁਝ ਭੀ ਦੇਣ-ਜੋਗਾ ਨਾਹ ਹੋਵੇ, ਤਦੋਂ ਆਪਣਾ ਆਪ (ਭਾਵ, ਆਪਣਾ ਹਿੱਸਾ) ਵੰਡ ਦੇਵੇ,
59051	1384	ਕੋ ਐਸਾ ਭਗਤੁ ਸਦਾਏ॥੧੨੮॥	ਸੱਦਾਏ	Ko Aisaa Bhagath Sadhaaeae ||128||	How rare is one who is known as such a devotee. ||128||	ਕਿਸੇ ਅਜੇਹੇ ਮਨੁੱਖ ਨੂੰ (ਹੀ) ਭਗਤ ਆਖਣਾ ਚਾਹੀਦਾ ਹੈ ॥੧੨੮॥
59052	1384	ਇਕੁ ਫਿਕਾ ਨ ਗਾਲਾਇ ਸਭਨਾ ਮੈ ਸਚਾ ਧਣੀ॥	(ਫਿਕਾ) ਫਿੱਕਾ ਬਚਨ। (ਗਾਲਾਇ) ਕਹੇ	Eik Fikaa N Gaalaae Sabhanaa Mai Sachaa Dhhanee ||	Do not utter even a single harsh word; your True Lord and Master abides in all.	ਇੱਕ ਭੀ ਫਿੱਕਾ ਬਚਨ ਨਾਹ ਬੋਲ (ਕਿਉਂਕਿ) ਸਭ ਵਿਚ ਸੱਚਾ ਮਾਲਕ (ਵੱਸ ਰਿਹਾ ਹੈ)।

59053	1384	ਹਿਆਉ ਨ ਕੈਹੀ ਠਾਹਿ ਮਾਣਕ ਸਭ ਅਮੋਲਵੇ॥੧੨੯॥	(ਹਿਆਉ) ਰਿਦਾ (ਕੈਹੀ) ਕਿਸੇਦਾ। (ਠਾਹਿ) ਢਾਹੇ	Hiaao N Kaihee Thaahi Maanak Sabh Amolavae ||129||	Do not break anyone's heart; these are all priceless jewels. ||129||	ਕਿਸੇ ਦਾ ਭੀ ਦਿਲ ਨਾਹ ਦੁਖਾ (ਕਿਉਂਕਿ) ਇਹ ਸਾਰੇ (ਜੀਵ) ਅਮੋਲਕ ਮੋਤੀ ਹਨ ॥੧੨੯॥
59054	1384	ਸਭਨਾ ਮਨ ਮਾਣਿਕ ਠਾਹਣੁ ਮੂਲਿ ਮਚਾਂਗਵਾ॥	(ਠਾਹਣੁ) ਢਾਹੁਣਾ। (ਮੂਲਿ) ਉੱਕਾ ਹੀ। (ਮਚਾਂਗਵਾ) ਚੰਗਾ ਨਹੀਂ	Sabhanaa Man Maanik Thaahan Mool Machaangavaa ||	The minds of all are like precious jewels; to harm them is not good at all.	ਸਾਰੇ ਜੀਵਾਂ ਦੇ ਮਨ ਮੋਤੀ ਹਨ, (ਕਿਸੇ ਨੂੰ ਭੀ) ਦੁਖਾਣਾ ਉੱਕਾ ਹੀ ਚੰਗਾ ਨਹੀਂ।
59055	1384	ਜੇ ਤਉ ਪਿਰੀਆ ਦੀ ਸਿਕ ਹਿਆਉ ਨ ਠਾਹੇ ਕਹੀ ਦਾ॥੧੩੦॥	(ਸਿਕ) ਇੱਛਾ, ਚਾਹ ਮਿਲਣਦੀ। (ਕਹੀ) ਕਿਸੇ ਦਾ।ਸਿੱਕ	Jae Tho Pireeaa Dhee Sik Hiaao N Thaahae Kehee Dhaa ||130||	If you desire your Beloved, then do not break anyone's heart. ||130||	ਜੇ ਤੈਨੂੰ ਪਿਆਰੇ ਪ੍ਰਭੂ ਦੇ ਮਿਲਣ ਦੀ ਤਾਂਘ ਹੈ, ਤਾਂ ਕਿਸੇ ਦਾ ਦਿਲ ਨਾਹ ਢਾਹ ॥੧੩੦॥
59056	1385	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

59057	1385	ਸਵਯੇ ਸ੍ਰੀ ਮੁਖਬਾਖ੍ਯ ਮਹਲਾ ੫॥	ਯੇ ਤਾਲੂ ਤੋਂ ਬੋਲ ਸ-ਵ-ਯੇ। ਮੁਖਬਾਖ੍ਯ : ਮੁਖਬਾਕਿਅ	Savayae Sree Mukhabaaky Mehalaa 5 ||	Swaiyas From The Mouth Of The Great Fifth Mehl:	ਗੁਰੂ ਅਰਜਨਦੇਵ ਜੀ ਦੇ ਉਚਾਰੇ ਹੋਏ ਸਵਯੇ।
59058	1385	ਆਦਿ ਪੁਰਖ ਕਰਤਾਰ ਕਰਣ ਕਾਰਣ ਸਭ ਆਪੇ॥		Aadh Purakh Karathaar Karan Kaaran Sabh Aapae ||	O Primal Lord God, You Yourself are the Creator, the Cause of all causes.	ਹੇ ਆਦਿ ਪੁਰਖ! ਹੇ ਕਰਤਾਰ! ਤੂੰ ਆਪ ਹੀ ਸਾਰੀ ਸ੍ਰਿਸ਼ਟੀ ਦਾ ਮੂਲ ਹੈਂ।
59059	1385	ਸਰਬ ਰਹਿਓ ਭਰਪੂਰਿ ਸਗਲ ਘਟ ਰਹਿਓ ਬਿਆਪੇ॥		Sarab Rehiou Bharapoor Sagal Ghatt Rehiou Biaapae ||	You are All-pervading everywhere, totally filling all hearts.	ਤੂੰ ਸਭ ਥਾਈਂ ਭਰਪੂਰਿ ਹੈਂ; (ਭਾਵ, ਕੋਈ ਥਾਂ ਐਸਾ ਨਹੀਂ, ਜਿੱਥੇ ਤੂੰ ਨਾਹ ਹੋਵੇਂ)। ਤੂੰ ਸਭ ਸਰੀਰਾਂ ਵਿਚ ਮੌਜੂਦ ਹੈਂ।
59060	1385	ਬ੍ਯਾਪਤੁ ਦੇਖੀਐ ਜਗਤਿ ਜਾਨੈ ਕਉਨੁ ਤੇਰੀ ਗਤਿ ਸਰਬ ਕੀ ਰਖ੍ਯਾ ਕਰੈ ਆਪੇ ਹਰਿ ਪਤਿ॥	ਬ੍ਯਾਪਤੁ: ਬਿਆਪਤੁ।ਜੱਗ-ਤਿ। ਰੱਖਿਆ	Byaapath Dhaekheeai Jagath Jaanai Koun Thaeree Gath Sarab Kee Rakhyaa Karai Aapae Har Path ||	You are seen pervading the world; who can know Your State? You protect all; You are our Lord and Master.	ਹੇ (ਸਭ ਦੇ) ਮਾਲਕ ਅਕਾਲ ਪੁਰਖ! ਤੂੰ ਸਾਰੇ ਜਗਤ ਵਿਚ ਪਸਰਿਆ ਹੋਇਆ ਦਿੱਸ ਰਿਹਾ ਹੈਂ। ਕੌਣ ਜਾਣਦਾ ਹੈ ਤੂੰ ਕਿਹੋ ਜਿਹਾ ਹੈਂ? ਤੂੰ ਆਪ ਹੀ ਸਭ (ਜੀਆਂ) ਦੀ ਰੱਖਿਆ ਕਰਦਾ ਹੈਂ।

59061	1385	ਅਬਿਨਾਸੀ ਅਬਿਗਤ ਆਪੇ ਆਪਿ ਉਤਪਤਿ॥		Abinaasee Abigath Aapae Aap Outhapath ||	O my Imperishable and Formless Lord, You formed Yourself.	(ਹੇ ਆਦਿ ਪੁਰਖ!) ਤੂੰ ਕਦੇ ਨਾਸ ਹੋਣ ਵਾਲਾ ਨਹੀਂ ਹੈਂ, ਤੂੰ ਇਹਨਾਂ ਅੱਖਾਂ ਨਾਲ ਨਹੀਂ ਦਿੱਸਦਾ; ਤੇਰੀ ਉਤਪੱਤੀ ਤੇਰੇ ਆਪਣੇ ਆਪ ਤੋਂ ਹੀ ਹੈ।
59062	1385	ਏਕੈ ਤੂਹੀ ਏਕੈ ਅਨ ਨਾਹੀ ਤੁਮ ਭਤਿ॥	ਭਤਿ:ਪੋਲਾ ਬੋਲੋ। ਆਪ ਜੀ ਦੇ (ਭਤਿ) ਤਰ੍ਹਾਂ ਦਾ	Eaekai Thoohee Eaekai An Naahee Thum Bhath ||	You are the One and Only; no one else is like You.	ਤੂੰ ਕੇਵਲ ਇੱਕੋ ਹੀ ਇਕ ਹੈਂ, ਤੇਰੇ ਵਰਗਾ ਹੋਰ ਕੋਈ ਨਹੀਂ ਹੈ।
59063	1385	ਹਰਿ ਅੰਤੁ ਨਾਹੀ ਪਾਰਾਵਾਰੁ ਕਉਨੁ ਹੈ ਕਰੈ ਬੀਚਾਰੁ ਜਗਤ ਪਿਤਾ ਹੈ ਸ੍ਰਬ ਪ੍ਰਾਨ ਕੋ ਅਧਾਰੁ॥		Har Anth Naahee Paaraavaar Koun Hai Karai Beechaar Jagath Pithaa Hai Srab Praan Ko Adhhaar ||	O Lord, You have no end or limitation. Who can contemplate You? You are the Father of the world, the Support of all life.	ਹਰੀ ਦਾ ਅੰਤ ਤੇ ਹੱਦ-ਬੰਨਾ ਨਹੀਂ (ਪਾਇਆ ਜਾ ਸਕਦਾ)। ਕੌਣ (ਮਨੁੱਖ) ਹੈ ਜੋ (ਉਸ ਦੇ ਹੱਦ-ਬੰਨੇ ਨੂੰ ਲੱਭਣ ਦੀ) ਵਿਚਾਰ ਕਰ ਸਕਦਾ ਹੈ? ਹਰੀ ਸਾਰੇ ਜਗਤ ਦਾ ਪਿਤਾ ਹੈ ਅਤੇ ਸਾਰੇ ਜੀਆਂ ਦਾ ਆਸਰਾ ਹੈ।
59064	1385	ਜਨੁ ਨਾਨਕੁ ਭਗਤੁ ਦਰਿ ਤੁਲਿ ਬ੍ਰਹਮ ਸਮਸਰਿ ਏਕ ਜੀਹ ਕਿਆ ਬਖਾਨੈ॥	(ਤੁਲਿ) ਬਰਾਬਰ	Jan Naanak Bhagath Dhar Thul Breham Samasar Eaek Jeeh Kiaa Bakhaanai ||	Your devotees are at Your Door, O God - they are just like You. How can servant Nanak describe them with only one tongue?	(ਹਰੀ ਦਾ) ਭਗਤ ਸੇਵਕ (ਗੁਰੂ) ਨਾਨਕ (ਹਰੀ ਦੇ) ਦਰ ਤੇ ਪਰਵਾਨ (ਹੋਇਆ ਹੈ) ਤੇ ਹਰੀ ਵਰਗਾ ਹੈ। (ਮੇਰੀ) ਇਕ ਜੀਭ (ਉਸ ਗੁਰੂ ਨਾਨਕ ਦੇ) ਕੀਹ (ਗੁਣ) ਕਥਨ ਕਰ ਸਕਦੀ ਹੈ?

59065	1385	ਹਾਂ ਕਿ ਬਲਿ ਬਲਿ ਬਲਿ ਬਲਿ ਸਦ ਬਲਿਹਾਰਿ॥੧॥	(ਹਾਂ) ਨਿਸਚੇ ਕਰਕੇ। (ਕਿ) ਜੋ	Haan K Bal Bal Bal Bal Sadh Balihaar ||1||	I am a sacrifice, a sacrifice, a sacrifice, forever a sacrifice to them. ||1||	ਮੈਂ (ਗੁਰੂ ਨਾਨਕ ਤੋਂ) ਸਦਕੇ ਹਾਂ, ਸਦਕੇ ਹਾਂ, ਸਦਾ ਸਦਕੇ ਹਾਂ ॥੧॥
59066	1385	ਅੰਮ੍ਰਿਤ ਪ੍ਰਵਾਹ ਸਰਿ ਅਤੁਲ ਭੰਡਾਰ ਭਰਿ ਪਰੈ ਹੀ ਤੇ ਪਰੈ ਅਪਰ ਅਪਾਰ ਪਰਿ॥	ਅ-ਤੁੱਲ। ਅਪਰ:ਪੋਲਾ ਬੋਲੋ ਮਿਲਵਾਂ	Anmrith Pravaah Sar Athul Bhanddaar Bhar Parai Hee Thae Parai Apar Apaar Par ||	Streams of Ambrosial Nectar flow; Your Treasures are unweighable and overflowing in abundance. You are the Farthest of the far, Infinite and Incomparably Beautiful.	(ਹੇ ਅਕਾਲ ਪੁਰਖ!) (ਤੈਥੋਂ) ਅੰਮ੍ਰਿਤ ਦੇ ਪ੍ਰਵਾਹ ਚੱਲ ਰਹੇ ਹਨ, ਤੇਰੇ ਨਾਹ ਤੁਲ ਸਕਣ ਵਾਲੇ ਖ਼ਜ਼ਾਨੇ ਭਰੇ ਪਏ ਹਨ; ਤੂੰ ਪਰੇ ਤੋਂ ਪਰੇ ਹੈਂ ਅਤੇ ਬੇਅੰਤ ਹੈਂ।
59067	1385	ਆਪੁਨੋ ਭਾਵਨੁ ਕਰਿ ਮੰਤ੍ਰਿ ਨ ਦੂਸਰੋ ਧਰਿ ਓਪਤਿ ਪਰਲੌ ਏਕੈ ਨਿਮਖ ਤੁ ਘਰਿ॥	(ਤੁ) ਆਪ ਜੀ ਦੇ	Aapuno Bhaavan Kar Manthr N Dhoosaro Dhhar Oupath Parala Eaekai Nimakh Th Ghar ||	You do whatever You please; You do not take advice from anyone else. In Your Home, creation and destruction happen in an instant.	ਤੂੰ ਆਪਣੀ ਮਰਜ਼ੀ ਕਰਦਾ ਹੈਂ; ਕਿਸੇ ਹੋਰ ਨੂੰ ਆਪਣੀ ਸਲਾਹ ਵਿਚ ਨਹੀਂ ਲਿਆਉਂਦਾ, (ਭਾਵ, ਤੂੰ ਕਿਸੇ ਹੋਰ ਨਾਲ ਸਲਾਹ ਨਹੀਂ ਕਰਦਾ) ਤੇਰੇ ਘਰ ਵਿਚ (ਭਾਵ, ਤੇਰੇ ਹੁਕਮ ਵਿਚ) ਜਗਤ ਦੀ ਪੈਦਾਇਸ਼ ਤੇ ਅੰਤ ਅੱਖ ਦੇ ਇਕ ਫੋਰ ਵਿਚ ਹੋ ਜਾਂਦੇ ਹਨ।

59068	1385	ਆਨ ਨਾਹੀ ਸਮਸਰਿ ਉਜੀਆਰੋ ਨਿਰਮਰਿ ਕੋਟਿ ਪਰਾਛਤ ਜਾਹਿ ਨਾਮ ਲੀਏ ਹਰਿ ਹਰਿ॥	(ਨਿਰਮਰਿ) ਉੱਜਲ। ਉਜੀ-ਆਰੋ	Aan Naahee Samasar Oujeeaaro Niramar Kott Paraashhath Jaahi Naam Leeeae Har Har ||	No one else is equal to You; Your Light is Immaculate and Pure. Millions of sins are washed away, chanting Your Name, Har, Har.	ਕੋਈ ਹੋਰ ਹਰੀ ਵਰਗਾ ਨਹੀਂ ਹੈ; ਉਸ ਦਾ ਨਿਰਮਲ ਚਾਨਣਾ ਹੈ; ਉਸ ਹਰੀ ਦਾ ਨਾਮ ਲਿਆਂ ਕਰੋੜਾਂ ਪਾਪ ਦੂਰ ਹੋ ਜਾਂਦੇ ਹਨ।
59069	1385	ਜਨੁ ਨਾਨਕੁ ਭਗਤੁ ਦਰਿ ਤੁਲਿ ਬ੍ਰਹਮ ਸਮਸਰਿ ਏਕ ਜੀਹ ਕਿਆ ਬਖਾਨੈ॥		Jan Naanak Bhagath Dhar Thul Breham Samasar Eaek Jeeh Kiaa Bakhaanai ||	Your devotees are at Your Door, God - they are just like You. How can servant Nanak describe them with only one tongue?	ਹਰੀ ਦਾ ਭਗਤ ਦਾਸ (ਗੁਰੂ) ਨਾਨਕ (ਹਰੀ ਦੇ) ਦਰ ਤੇ ਪ੍ਰਵਾਨ (ਹੋਇਆ ਹੈ) ਅਤੇ ਹਰੀ ਵਰਗਾ ਹੈ। (ਮੇਰੀ) ਇਕ ਜੀਭ (ਉਸ ਗੁਰੂ ਨਾਨਕ ਦੇ) ਕੀਹ (ਗੁਣ) ਕਹਿ ਸਕਦੀ ਹੈ?
59070	1385	ਹਾਂ ਕਿ ਬਲਿ ਬਲਿ ਬਲਿ ਬਲਿ ਸਦ ਬਲਿਹਾਰਿ॥੨॥		Haan K Bal Bal Bal Bal Sadh Balihaar ||2||	I am a sacrifice, a sacrifice, a sacrifice, forever a sacrifice to them. ||2||	ਮੈਂ (ਗੁਰੂ ਨਾਨਕ ਤੋਂ) ਸਦਕੇ ਹਾਂ, ਸਦਕੇ ਹਾਂ, ਸਦਾ ਸਦਕੇ ਹਾਂ ॥੨॥

59071	1385	ਸਗਲ ਭਵਨ ਧਾਰੇ ਏਕ ਥੇਂ ਕੀਏ ਬਿਸਥਾਰੇ ਪੂਰਿ ਰਹਿਓ ਸ੍ਰਬ ਮਹਿ ਆਪਿ ਹੈ ਨਿਰਾਰੇ॥		Sagal Bhavan Dhhaarae Eaek Thhaen Keeeae Bisathhaarae Poor Rehiou Srab Mehi Aap Hai Niraarae ||	You established all the worlds from within Yourself, and extended them outward. You are All-pervading amongst all, and yet You Yourself remain detached.	ਉਸ ਹਰੀ ਨੇ ਸਾਰੇ ਲੋਕ ਬਣਾਏ ਹਨ; ਇਕ ਆਪਣੇ ਆਪ ਤੋਂ ਹੀ (ਇਹ ਸੰਸਾਰ ਦਾ) ਖਿਲਾਰਾ ਕੀਤਾ ਹੈ; ਆਪ ਸਭ ਵਿਚ ਵਿਆਪਕ ਹੈ (ਅਤੇ ਫਿਰ) ਹੈ (ਭੀ) ਨਿਰਲੇਪ।
59072	1385	ਹਰਿ ਗੁਨ ਨਾਹੀ ਅੰਤ ਪਾਰੇ ਜੀਅ ਜੰਤ ਸਭਿ ਥਾਰੇ ਸਗਲ ਕੋ ਦਾਤਾ ਏਕੈ ਅਲਖ ਮੁਰਾਰੇ॥	ਅਸੰਖ ਅਨੰਤ ਕਲਾਵਾਨ ਮੇਹਰਵਾਨ ਪ੍ਰਕਾਸ਼ ਸਰੂਪ ਹਰ ਪ੍ਰਾਣੀ ਦੇ ਅੰਦਰ ਬਾਹਰ, ਹਰ ਸਮੇਂ ਅਜਪਾ ਜਾਪ ਕਰ ਕਰ ਰਹੇ, ਅਨੰਤ ਬ੍ਰਹਮੰਡ ਚ ਭਰਪੂਰ, ਸਭ ਦੀ ਪਾਲਣਾਂ ਰੱਖਿਆ ਬਾਰੇ, (ਅ-ਲਖ) (ਅ) ਵਿਸ਼ੇਸ਼ (ਲਖ) ਜਾਣ ਰਹੇ ਰਾਮ ਜੀ। ਅ-ਲਖ: ਪੋਲਾ	Har Gun Naahee Anth Paarae Jeea Janth Sabh Thhaarae Sagal Ko Dhaathaa Eaekai Alakh Muraarae ||	O Lord, there is no end or limit to Your Glorious Virtues; all beings and creatures are Yours. You are the Giver of all, the One Invisible Lord.	ਹੇ ਬੇਅੰਤ ਹਰੀ! ਤੇਰੇ ਗੁਣਾਂ ਦਾ ਅੰਤ ਤੇ ਪਾਰ ਨਹੀਂ (ਪੈ ਸਕਦਾ); ਸਾਰੇ ਜੀਅ ਜੰਤ ਤੇਰੇ ਹੀ ਹਨ, ਤੂੰ ਇਕ ਆਪ ਹੀ ਸਭ ਦਾ ਦਾਤਾ ਹੈਂ। ਤੇਰਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ।

59073	1386	ਆਪ ਹੀ ਧਾਰਨ ਧਾਰੇ ਕੁਦਰਤਿ ਹੈ ਦੇਖਾਰੇ ਬਰਨੁ ਚਿਹਨੁ ਨਾਹੀ ਮੁਖ ਨ ਮਸਾਰੇ॥	(ਮਸਾਰੇ) ਮਾਸ ਨਹੀਂ	Aap Hee Dhhaaran Dhhaarae Kudharath Hai Dhaekhaarae Baran Chihan Naahee Mukh N Masaarae ||	He Himself supports the Universe, revealing His All-powerful Creative Potency. He has no color, form, mouth or beard.	(ਹਰੀ) ਆਪ ਹੀ ਸਾਰੇ ਜਗਤ ਨੂੰ ਆਸਰਾ ਦੇ ਰਿਹਾ ਹੈ, ਆਪਣੀ ਕੁਦਰਤਿ ਵਿਖਾਲ ਰਿਹਾ ਹੈ। ਨਾਹ (ਉਸ ਦਾ ਕੋਈ) ਰੰਗ ਹੈ ਨਾ (ਕੋਈ) ਨਿਸ਼ਾਨ, ਨਾਹ ਮੂੰਹ, ਤੇ ਨਾਹ ਦਾੜ੍ਹੀ।
59074	1386	ਜਨੁ ਨਾਨਕੁ ਭਗਤੁ ਦਰਿ ਤੁਲਿ ਬ੍ਰਹਮ ਸਮਸਰਿ ਏਕ ਜੀਹ ਕਿਆ ਬਖਾਨੈ॥		Jan Naanak Bhagath Dhar Thul Breham Samasar Eaek Jeeh Kiaa Bakhaanai ||	Your devotees are at Your Door, O God - they are just like You. How can servant Nanak describe them with only one tongue?	ਹਰੀ ਦਾ ਭਗਤ ਦਾਸ (ਗੁਰੂ) ਨਾਨਕ (ਹਰੀ ਦੇ) ਦਰ ਤੇ ਪ੍ਰਵਾਨ (ਹੋਇਆ ਹੈ) ਅਤੇ ਹਰੀ ਵਰਗਾ ਹੈ। (ਮੇਰੀ) ਇੱਕ ਜੀਭ (ਉਸ ਗੁਰੂ ਨਾਨਕ ਦੇ) ਕੀਹ (ਗੁਣ) ਕਹਿ ਸਕਦੀ ਹੈ?
59075	1386	ਹਾਂ ਕਿ ਬਲਿ ਬਲਿ ਬਲਿ ਬਲਿ ਸਦ ਬਲਿਹਾਰਿ॥੩॥		Haan K Bal Bal Bal Bal Sadh Balihaar ||3||	I am a sacrifice, a sacrifice, a sacrifice, forever a sacrifice to them. ||3||	ਮੈਂ (ਗੁਰੂ ਨਾਨਕ ਤੋਂ) ਸਦਕੇ ਹਾਂ, ਸਦਕੇ ਹਾਂ, ਸਦਾ ਸਦਕੇ ਹਾਂ ॥੩॥

59076	1386	ਸਰਬ ਗੁਣ ਨਿਧਾਨੰ ਕੀਮਤਿ ਨ ਗ੍ਯਾਨੰ ਧ੍ਯਾਨੰ ਊਚੇ ਤੇ ਊਚੋ ਜਾਨੀਜੈ ਪ੍ਰਭ ਤੇਰੋ ਥਾਨੰ॥	ਗ੍ਯਾਨੰ ਧ੍ਯਾਨੰ: ਗਿਆਨੰ ਧਿਆਨੰ	Sarab Gun Nidhhaanan Keemath N Gyaanan Dhhyaanan Oochae Thae Oocha Jaaneejai Prabh Thaero Thhaanan ||	You are the Treasure of all virtue; who can know the value of Your spiritual wisdom and meditation? O God, Your Place is known as the highest of the high.	ਹੇ ਪ੍ਰਭੂ! ਤੂੰ ਸਾਰੇ ਗੁਣਾਂ ਦਾ ਖ਼ਜ਼ਾਨਾ ਹੈਂ, ਤੇਰੇ ਗਿਆਨ ਦਾ ਅਤੇ (ਤੇਰੇ ਵਿਚ) ਧਿਆਨ (ਜੋੜਨ) ਦਾ ਮੁੱਲ ਨਹੀਂ (ਪੈ ਸਕਦਾ)। ਤੇਰਾ ਟਿਕਾਣਾ ਉੱਚੇ ਤੋਂ ਉੱਚਾ ਸੁਣੀਂਦਾ ਹੈ।
59077	1386	ਮਨੁ ਧਨੁ ਤੇਰੋ ਪ੍ਰਾਨੰ ਏਕੈ ਸੂਤਿ ਹੈ ਜਹਾਨੰ ਕਵਨ ਉਪਮਾ ਦੇਉ ਬਡੇ ਤੇ ਬਡਾਨੰ॥		Man Dhhan Thaero Praanan Eaekai Sooth Hai Jehaanan Kavan Oupamaa Dhaeo Baddae Thae Baddaanan ||	Mind, wealth and the breath of life belong to You alone, Lord. The world is strung upon Your Thread. What praises can I give to You? You are the Greatest of the great.	(ਹੇ ਪ੍ਰਭੂ!) ਮੇਰਾ ਮਨ, ਮੇਰਾ ਧਨ ਅਤੇ ਮੇਰੇ ਪ੍ਰਾਣ-ਇਹ ਸਭ ਤੇਰੇ ਹੀ (ਦਿੱਤੇ ਹੋਏ) ਹਨ। ਸਾਰਾ ਸੰਸਾਰ ਤੇਰੀ ਇਕੋ ਹੀ ਸੱਤਾ ਵਿਚ ਹੈ (ਭਾਵ, ਸੱਤਾ ਦੇ ਆਸਰੇ ਹੈ)। ਮੈਂ ਕਿਸ ਦਾ ਨਾਉਂ ਦੱਸਾਂ ਜੋ ਤੇਰੇ ਬਰਾਬਰ ਦਾ ਹੋਵੇ? ਤੂੰ ਵੱਡਿਆਂ ਤੋਂ ਵੱਡਾ ਹੈਂ।
59078	1386	ਜਾਨੈ ਕਉਨੁ ਤੇਰੋ ਭੇਉ ਅਲਖ ਅਪਾਰ ਦੇਉ ਅਕਲ ਕਲਾ ਹੈ ਪ੍ਰਭ ਸਰਬ ਕੋ ਧਾਨੰ॥	(ਅ-ਕਲ) ਕਲਪਣਾ ਰਹਿਤ ਕਰਤਾਰ। ਅ-ਲਖ: ਪੋਲਾ ਬੋਲੋ	Jaanai Koun Thaero Bhaeo Alakh Apaar Dhaeo Akal Kalaa Hai Prabh Sarab Ko Dhhaanan ||	Who can know Your Mystery? O Unfathomable, Infinite, Divine Lord, Your Power is unstoppable. O God, You are the Support of all.	ਹੇ ਪ੍ਰਭੂ! ਤੇਰਾ ਭੇਦ ਕੌਣ ਜਾਣ ਸਕਦਾ ਹੈ? ਹੇ ਅਲੱਖ! ਹੇ ਅਪਾਰ! ਹੇ ਪ੍ਰਕਾਸ਼ ਰੂਪ! ਤੇਰੀ ਸੱਤਾ (ਸਭ ਥਾਂ) ਇੱਕ-ਰਸ ਹੈ; ਤੂੰ ਸਾਰੇ ਜੀਆਂ ਦਾ ਆਸਰਾ ਹੈਂ।

59079	1386	ਜਨੁ ਨਾਨਕੁ ਭਗਤੁ ਦਰਿ ਤੁਲਿ ਬ੍ਰਹਮ ਸਮਸਰਿ ਏਕ ਜੀਹ ਕਿਆ ਬਖਾਨੈ॥		Jan Naanak Bhagath Dhar Thul Breham Samasar Eaek Jeeh Kiaa Bakhaanai ||	Your devotees are at Your Door, O God - they are just like You. How can servant Nanak describe them with only one tongue?	ਹੇ ਪ੍ਰਭੂ! (ਤੇਰਾ) ਭਗਤ ਸੇਵਕ (ਗੁਰੂ ਨਾਨਕ (ਤੇਰੇ) ਦਰ ਤੇ ਪ੍ਰਵਾਨ (ਹੋਇਆ ਹੈ) ਅਤੇ (ਹੇ ਪ੍ਰਭੂ! ਤੈਂ) ਬ੍ਰਹਮ ਦੇ ਸਮਾਨ ਹੈ। (ਮੇਰੀ) ਇੱਕ ਜੀਭ (ਉਸ ਗੁਰੂ ਨਾਨਕ ਦੇ) ਕੀਹ (ਗੁਣ) ਕਹਿ ਸਕਦੀ ਹੈ?
59080	1386	ਹਾਂ ਕਿ ਬਲਿ ਬਲਿ ਬਲਿ ਬਲਿ ਸਦ ਬਲਿਹਾਰਿ॥੪॥		Haan K Bal Bal Bal Bal Sadh Balihaar ||4||	I am a sacrifice, a sacrifice, a sacrifice, forever a sacrifice to them. ||4||	ਮੈਂ (ਗੁਰੂ ਨਾਨਕ ਤੋਂ) ਸਦਕੇ ਹਾਂ, ਸਦਕੇ ਹਾਂ, ਸਦਕੇ ਹਾਂ ॥੪॥
59081	1386	ਨਿਰੰਕਾਰੁ ਆਕਾਰ ਅਛਲ ਪੂਰਨ ਅਬਿਨਾਸੀ॥	ਅ-ਛਲ: ਪੋਲਾ ਬੋਲੋ	Nirankaar Aakaar Ashhal Pooran Abinaasee ||	O Formless, Formed, Undeceivable, Perfect, Imperishable,	ਤੂੰ ਵਰਨਾਂ ਚਿੰਨ੍ਹਾਂ ਤੋਂ ਬਾਹਰਾ ਹੈਂ, ਤੇ ਸਰੂਪ ਵਾਲਾ ਭੀ ਹੈਂ; ਤੈਨੂੰ ਕੋਈ ਛਲ ਨਹੀਂ ਸਕਦਾ, ਤੂੰ ਸਭ ਥਾਈਂ ਵਿਆਪਕ ਹੈਂ, ਤੇ ਕਦੇ ਨਾਸ ਹੋਣ ਵਾਲਾ ਨਹੀਂ ਹੈਂ,
59082	1386	ਹਰਖਵੰਤ ਆਨੰਤ ਰੂਪ ਨਿਰਮਲ ਬਿਗਾਸੀ॥		Harakhavanth Aananth Roop Niramal Bigaasee ||	Blissful, Unlimited, Beautiful, Immaculate, Blossoming Lord:	ਤੂੰ ਸਦਾ-ਪ੍ਰਸੰਨ ਹੈਂ, ਤੇਰੇ ਬੇਅੰਤ ਸਰੂਪ ਹਨ, ਤੂੰ ਸੁੱਧ-ਸਰੂਪ ਹੈਂ ਅਤੇ ਜ਼ਾਹਰਾ-ਜ਼ਹੂਰ ਹੈਂ।

59083	1386	ਗੁਣ ਗਾਵਹਿ ਬੇਅੰਤ ਅੰਤੁ ਇਕੁ ਤਿਲੁ ਨਹੀ ਪਾਸੀ॥		Gun Gaavehi Baeanth Anth Eik Thil Nehee Paasee ||	Countless are those who sing Your Glorious Praises, but they do not know even a tiny bit of Your extent.	ਬੇਅੰਤ ਜੀਵ ਤੇਰੇ ਗੁਣ ਗਾਉਂਦੇ ਹਨ, ਪਰ ਤੇਰਾ ਅੰਤ ਰਤਾ ਭੀ ਨਹੀਂ ਪੈਂਦਾ।
59084	1386	ਜਾ ਕਉ ਹੋਂਹਿ ਕ੍ਰਿਪਾਲ ਸੁ ਜਨੁ ਪ੍ਰਭ ਤੁਮਹਿ ਮਿਲਾਸੀ॥		Jaa Ko Honehi Kirapaal S Jan Prabh Thumehi Milaasee ||	That humble being upon whom You shower Your Mercy meets with You, O God.	ਹੇ ਪ੍ਰਭੂ! ਜਿਸ ਉੱਤੇ ਤੂੰ ਦਇਆਵਾਨ ਹੁੰਦਾ ਹੈਂ, ਉਹ ਮਨੁੱਖ ਤੈਨੂੰ ਮਿਲ ਪੈਂਦਾ ਹੈ।
59085	1386	ਧੰਨਿ ਧੰਨਿ ਤੇ ਧੰਨਿ ਜਨ ਜਿਹ ਕ੍ਰਿਪਾਲੁ ਹਰਿ ਹਰਿ ਭਯਉ॥	ਭ-ਯਉ: ਯ ਤਾਲੂ ਤੋਂ ਬੋਲੋ।	Dhhann Dhhann Thae Dhhann Jan Jih Kirapaal Har Har Bhayo ||	Blessed, blessed, blessed are those humble beings, upon whom the Lord, Har, Har, showers His Mercy.	ਭਾਗਾਂ ਵਾਲੇ ਹਨ ਉਹ ਮਨੁੱਖ, ਜਿਨ੍ਹਾਂ ਉੱਤੇ ਹਰੀ ਦਇਆਵਾਨ ਹੋਇਆ ਹੈ।
59086	1386	ਹਰਿ ਗੁਰੁ ਨਾਨਕੁ ਜਿਨ ਪਰਸਿਯਉ ਸਿ ਜਨਮ ਮਰਣ ਦੁਹ ਥੇ ਰਹਿਓ॥੫॥		Har Gur Naanak Jin Parasiao S Janam Maran Dhuh Thhae Rehiou ||5||	Whoever meets with the Lord through Guru Nanak is rid of both birth and death. ||5||	ਜਿਨ੍ਹਾਂ ਮਨੁੱਖਾਂ ਨੇ (ਉਪਰੋਕਤ ਗੁਣਾਂ ਵਾਲੇ) ਹਰੀ ਦੇ ਰੂਪ ਗੁਰੂ ਨਾਨਕ ਨੂੰ ਪਰਸਿਆ ਹੈ, ਉਹ ਜਨਮ ਮਰਨ ਦੋਹਾਂ ਤੋਂ ਬਚ ਰਹੇ ਹਨ ॥੫॥

59087	1386	ਸਤਿ ਸਤਿ ਹਰਿ ਸਤਿ ਸਤਿ ਸਤੇ ਸਤਿ ਭਣੀਐ॥		Sath Sath Har Sath Sath Sathae Sath Bhaneeai ||	The Lord is said to be True, True, True, True, the Truest of the True.	ਮਹਾਤਮਾ ਲੋਕ ਸਦਾ ਤੋਂ ਕਹਿੰਦੇ ਆਏ ਹਨ ਕਿ ਹਰੀ ਸਦਾ ਅਟੱਲ ਹੈ, ਸਦਾ ਕਾਇਮ ਰਹਿਣ ਵਾਲਾ ਹੈ;
59088	1386	ਦੂਸਰ ਆਨ ਨ ਅਵਰੁ ਪੁਰਖੁ ਪਊਰਾਤਨੁ ਸੁਣੀਐ॥		Dhoosar Aan N Avar Purakh Pooraathan Suneeai ||	There is no other like Him. He is the Primal Being, the Primal Soul.	ਉਹ ਪੁਰਾਤਨ ਪੁਰਖ ਸੁਣੀਂਦਾ ਹੈ (ਭਾਵ, ਸਭ ਦਾ ਮੁੱਢ ਹੈ,) ਕੋਈ ਹੋਰ ਦੂਜਾ ਉਹਦੇ ਵਰਗਾ ਨਹੀਂ ਹੈ।
59089	1386	ਅੰਮ੍ਰਿਤੁ ਹਰਿ ਕੋ ਨਾਮੁ ਲੈਤ ਮਨਿ ਸਭ ਸੁਖ ਪਾਏ॥		Anmrith Har Ko Naam Laith Man Sabh Sukh Paaeae ||	Chanting the Ambrosial Name of the Lord, the mortal is blessed with all comforts.	ਹੇ ਮਨ! ਜਿਨ੍ਹਾਂ ਨੇ ਹਰੀ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਲਿਆ ਹੈ, ਉਹਨਾਂ ਨੂੰ ਸਾਰੇ ਸੁਖ ਲੱਭ ਪਏ ਹਨ।
59090	1386	ਜੇਹ ਰਸਨ ਚਾਖਿਓ ਤੇਹ ਜਨ ਤ੍ਰਿਪਤਿ ਅਘਾਏ॥		Jaeh Rasan Chaakhiou Thaeh Jan Thripath Aghaaeae ||	Those who taste it with their tongues, those humble beings are satisfied and fulfilled.	ਜਿਨ੍ਹਾਂ ਨੇ (ਨਾਮ-ਅੰਮ੍ਰਿਤ) ਜੀਭ ਨਾਲ ਚੱਖਿਆ ਹੈ, ਉਹ ਮਨੁੱਖ ਰੱਜ ਗਏ ਹਨ (ਭਾਵ, ਹੋਰ ਰਸਾਂ ਦੀ ਉਹਨਾਂ ਨੂੰ ਤਾਂਘ ਨਹੀਂ ਰਹੀ)।
59091	1386	ਜਿਹ ਠਾਕੁਰੁ ਸੁਪ੍ਰਸੰਨੁ ਭਯੋ ਸਤਸੰਗਤਿ ਤਿਹ ਪਿਆਰੁ॥	ਸੁਪ੍ਰਸੰਨ।ਭ-ਯੋ: ਯੋ ਹੋੜੇ ਔਂਕੜ ਵਿਚਾਲੇ, ਤਾਲੂ ਤੋਂ ਬੋਲੋ।	Jih Thaakur Suprasann Bhayuo Sathasangath Thih Piaar ||	That person who becomes pleasing to his Lord and Master, loves the Sat Sangat, the True Congregation.	ਜਿਨ੍ਹਾਂ ਮਨੁੱਖਾਂ ਉੱਤੇ ਮਾਲਕ-ਪ੍ਰਭੂ ਦਇਆਵਾਨ ਹੋਇਆ ਹੈ, ਉਹਨਾਂ ਦਾ ਸਾਧ ਸੰਗਤ ਵਿਚ ਪ੍ਰੇਮ (ਪੈ ਗਿਆ ਹੈ)।

59092	1386	ਹਰਿ ਗੁਰੁ ਨਾਨਕੁ ਜਿਨ ਪਰਸਿਓ ਤਿਨ੍ ਸਭ ਕੁਲ ਕੀਓ ਉਧਾਰੁ॥੬॥		Har Gur Naanak Jinh Parasiou Thinh Sabh Kul Keeou Oudhhaar ||6||	Whoever meets with the Lord through Guru Nanak, saves all his generations. ||6||	(ਇਹੋ ਜਿਹੇ) ਹਰੀ-ਰੂਪ ਗੁਰੂ ਨਾਨਕ (ਦੇ ਚਰਨਾਂ) ਨੂੰ ਜਿਨ੍ਹਾਂ ਪਰਸਿਆ ਹੈ, ਉਹਨਾਂ ਮਨੁੱਖਾਂ ਨੇ ਆਪਣੀ ਸਾਰੀ ਕੁਲ ਦਾ ਬੇੜਾ ਪਾਰ ਕਰ ਲਿਆ ਹੈ ॥੬॥
59093	1386	ਸਚੁ ਸਭਾ ਦੀਬਾਣੁ ਸਚੁ ਸਚੇ ਪਹਿ ਧਰਿਓ॥	ਸਭਾ: ਪੋਲਾ ਬੋਲੋ	Sach Sabhaa Dheebaan Sach Sachae Pehi Dhhariou ||	True is His Congregation and His Court. The True Lord has established Truth.	(ਅਕਾਲ ਪੁਰਖ ਦੀ) ਸਭਾ ਸਦਾ ਅਟੱਲ ਰਹਿਣ ਵਾਲੀ ਹੈ, (ਉਸ ਦੀ) ਕਚਹਿਰੀ ਸਦਾ-ਥਿਰ ਹੈ; (ਅਕਾਲ ਪੁਰਖ ਨੇ ਆਪਣਾ ਆਪ) ਆਪਣੇ ਸਦਾ-ਥਿਰ-ਰੂਪ ਗੁਰੂ ਕੋਲ ਰੱਖਿਆ ਹੋਇਆ ਹੈ; (ਭਾਵ, ਹਰੀ ਗੁਰੂ ਦੀ ਰਾਹੀਂ ਮਿਲਦਾ ਹੈ),
59094	1386	ਸਚੈ ਤਖਤਿ ਨਿਵਾਸੁ ਸਚੁ ਤਪਾਵਸੁ ਕਰਿਓ॥	(ਤਪਾਵਸੁ) ਨਿਆਂ	Sachai Thakhath Nivaas Sach Thapaavas Kariou ||	Sitting upon His Throne of Truth, He administers True Justice.	(ਅਕਾਲ ਪੁਰਖ ਦਾ) ਟਿਕਾਣਾ ਸਦਾ ਕਾਇਮ ਰਹਿਣ ਵਾਲਾ ਆਸਣ ਹੈ ਤੇ, ਅਤੇ ਉਹ (ਸਦਾ) ਸੱਚਾ ਨਿਆਂ ਕਰਦਾ ਹੈ।
59095	1386	ਸਚਿ ਸਿਰਜ੍ਹਿਉ ਸੰਸਾਰੁ ਆਪਿ ਆਭੁਲੁ ਨ ਭੁਲਉ॥	ਸਿਰਜ੍ਹਿਉ: ਸਿਰਜਿਅਉ। ਆਭੁੱਲੁ। ਭੁੱਲਉ	Sach Sirajiyo Sansaar Aap Aabhul N Bhulo ||	The True Lord Himself fashioned the Universe. He is Infallible, and does not make mistakes.	ਸਦਾ-ਥਿਰ ਸੱਚੇ (ਅਕਾਲ ਪੁਰਖ) ਨੇ ਜਗਤ ਨੂੰ ਰਚਿਆ ਹੈ, ਉਹ ਆਪ ਕਦੇ ਭੁੱਲਣਹਾਰ ਨਹੀਂ, ਕਦੇ ਭੁੱਲ ਨਹੀਂ ਕਰਦਾ।
59096	1386	ਰਤਨ ਨਾਮੁ ਅਪਾਰੁ ਕੀਮ ਨਹੁ ਪਵੈ ਅਮੁਲਉ॥	ਅ-ਮੁੱਲਉ	Rathan Naam Apaar Keem Nahu Pavai Amulo ||	The Naam, the Name of the Infinite Lord, is the jewel. Its value cannot be appraised - it is priceless.	(ਅਕਾਲ ਪੁਰਖ ਦਾ) ਸ੍ਰੇਸ਼ਟ ਨਾਮ (ਭੀ) ਬੇਅੰਤ ਹੈ, ਅਮੋਲਕ ਹੈ, (ਉਸ ਦੇ ਨਾਮ ਦਾ) ਮੁੱਲ ਨਹੀਂ ਪੈ ਸਕਦਾ।

59097	1386	ਜਿਹ ਕ੍ਰਿਪਾਲੁ ਹੋਯਉ ਗੋਬਿੰਦੁ ਸਰਬ ਸੁਖ ਤਿਨਹੂ ਪਾਏ॥	ਹੋ-ਯਉ: ਯ ਤਾਲੂ ਤੋਂ ਬੋਲੋ।	Jih Kirapaal Hoyo Guobindh Sarab Sukh Thinehoo Paaeae ||	That person, upon whom the Lord of the Universe showers His Mercy obtains all comforts.	ਜਿਨ੍ਹਾਂ ਮਨੁੱਖਾਂ ਉੱਤੇ ਅਕਾਲ ਪੁਰਖ ਦਇਆਵਾਨ ਹੋਇਆ ਹੈ, ਉਹਨਾਂ ਨੂੰ ਹੀ ਸਾਰੇ ਸੁਖ ਮਿਲੇ ਹਨ।
59098	1386	ਹਰਿ ਗੁਰੁ ਨਾਨਕੁ ਜਿਨ੍ ਪਰਸਿਓ ਤੇ ਬਹੁੜਿ ਫਿਰਿ ਜੋਨਿ ਨ ਆਏ॥੭॥		Har Gur Naanak Jinh Parasiou Thae Bahurr Fir Jon N Aaeae ||7||	Those who touch the Feet of the Lord through Guru Nanak, do not have to enter the cycle of reincarnation ever again. ||7||	(ਅਜਿਹੇ ਗੁਣਾਂ ਵਾਲੇ) ਅਕਾਲ ਪੁਰਖ ਦੇ ਰੂਪ ਗੁਰੂ ਨਾਨਕ (ਦੇ ਚਰਨਾਂ) ਨੂੰ ਜਿਨ੍ਹਾਂ ਪਰਸਿਆ ਹੈ, ਉਹ ਫਿਰ ਪਰਤ ਕੇ ਜਨਮ (ਮਰਣ) ਵਿਚ ਨਹੀਂ ਆਉਂਦੇ ॥੭॥
59099	1386	ਕਵਨੁ ਜੋਗੁ ਕਉਨੁ ਗ੍ਯਾਨੁ ਧ੍ਯਾਨੁ ਕਵਨ ਬਿਧਿ ਉਸ੍ਤਤਿ ਕਰੀਐ॥	ਗ੍ਯਾਨੁ ਧ੍ਯਾਨੁ: ਗਿਆਨੁ ਧਿਆਨੁ। ਉਸ੍ਤ: ਤਿ: ਪੋਲਾ ਬੋਲੋ	Kavan Jog Koun Gyaan Dhhyaan Kavan Bidhh Ousoth Kareeai ||	What is the Yoga, what is the spiritual wisdom and meditation, and what is the way, to praise the Lord?	ਕਿਹੜਾ ਜੋਗ (ਦਾ ਸਾਧਨ) ਕਰੀਏ? ਕਿਹੜਾ ਗਿਆਨ (ਵਿਚਾਰੀਏ)? ਕਿਹੜਾ ਧਿਆਨ (ਧਰੀਏ)? ਉਹ ਕਿਹੜੀ ਜੁਗਤੀ ਵਰਤੀਏ ਜਿਸ ਕਰਕੇ ਅਕਾਲ ਪੁਰਖ ਦੇ ਗੁਣ ਗਾ ਸਕੀਏ?
59100	1386	ਸਿਧ ਸਾਧਿਕ ਤੇਤੀਸ ਕੋਰਿ ਤਿਰੁ ਕੀਮ ਨ ਪਰੀਐ॥	(ਤਿਰੁ) ਤਿਲ ਜਿਤਨੀ	Sidhh Saadhhik Thaethees Kor Thir Keem N Pareeai ||	The Siddhas and seekers and the three hundred thirty million gods cannot find even a tiny bit of the Lord's Value.	ਸਿੱਧ, ਸਾਧਿਕ ਅਤੇ ਤੇਤੀ ਕਰੋੜ ਦੇਵਤਿਆਂ ਪਾਸੋਂ (ਭੀ) ਅਕਾਲ ਪੁਰਖ ਦਾ ਮੁੱਲ ਰਤਾ ਭੀ ਨਹੀਂ ਪੈ ਸਕਿਆ।

59101	1386	ਬ੍ਰਹਮਾਦਿਕ ਸਨਕਾਦਿ ਸੇਖ ਗੁਣ ਅੰਤੁ ਨ ਪਾਏ॥		Brehamaadhik Sanakaadh Saekh Gun Anth N Paaeae ||	Neither Brahma, nor Sanak, nor the thousand-headed serpent king can find the limits of His Glorious Virtues.	ਬ੍ਰਹਮਾ ਅਤੇ ਹੋਰ ਦੇਵਤੇ (ਬ੍ਰਹਮਾ ਦੇ ਪੁੱਤ੍ਰ) ਸਨਕ ਆਦਿਕ ਅਤੇ ਸ਼ੇਸ਼ਨਾਗ ਅਕਾਲ ਪੁਰਖ ਦੇ ਗੁਣਾਂ ਦਾ ਅੰਤ ਨਹੀਂ ਲੱਭ ਸਕੇ।
59102	1386	ਅਗਹੁ ਗਹਿਓ ਨਹੀ ਜਾਇ ਪੂਰਿ ਸ੍ਰਬ ਰਹਿਓ ਸਮਾਏ॥	ਅ-ਗਹੁ	Agahu Gehiou Nehee Jaae Poor Srab Rehiou Samaaeae ||	The Inapprehensible Lord cannot be apprehended. He is pervading and permeating amongst all.	(ਅਕਾਲ ਪੁਰਖ ਮਨੁੱਖਾਂ ਦੀ) ਸਮਝ ਤੋਂ ਉੱਚਾ ਹੈ, ਉਸ ਦੀ ਗਤਿ ਪਾਈ ਨਹੀਂ ਜਾ ਸਕਦੀ, ਸਾਰੇ ਥਾਈਂ ਵਿਆਪਕ ਹੈ ਤੇ ਸਭ ਵਿਚ ਰਮਿਆ ਹੋਇਆ ਹੈ।
59103	1386	ਜਿਹ ਕਾਟੀ ਸਿਲਕ ਦਯਾਲ ਪ੍ਰਭਿ ਸੇਇ ਜਨ ਲਗੇ ਭਗਤੇ॥	ਦ-ਯਾਲ: ਦ ਮੁਕਤਾ,ਯਾ ਸਵਾਰ ਕੇਤਾਲੂ ਤੋਂ ਬੋਲੋ। ।ਸੇ-ਇ	Jih Kaattee Silak Dhayaal Prabh Saee Jan Lagae Bhagathae ||	Those whom God has mercifully freed from their nooses - those humble beings are attached to His devotional worship.	ਦਇਆਲ ਪ੍ਰਭੂ ਨੇ ਜਿਨ੍ਹਾਂ ਮਨੁੱਖਾਂ ਦੀ (ਮਾਇਆ ਦੇ ਮੋਹ ਦੀ) ਫਾਹੀ ਕੱਟ ਦਿੱਤੀ ਹੈ, ਉਹ ਮਨੁੱਖ ਉਸ ਦੀ ਭਗਤੀ ਵਿਚ ਜੁੜ ਗਏ ਹਨ।
59104	1386	ਹਰਿ ਗੁਰੁ ਨਾਨਕੁ ਜਿਨਿ ਪਰਸਿਓ ਤੇ ਇਤ ਉਤ ਸਦਾ ਮੁਕਤੇ॥੮॥		Har Gur Naanak Jinh Parasiou Thae Eith Outh Sadhaa Mukathae ||8||	Those who meet with the Lord through Guru Nanak are liberated forever, here and hereafter. ||8||	(ਇਹੋ ਜਿਹੇ ਉਪ੍ਰੋਕਤ ਗੁਣਾਂ ਵਾਲੇ) ਹਰੀ ਦੇ ਰੂਪ ਗੁਰੂ ਨਾਨਕ ਜਿਨ੍ਹਾਂ ਨੇ ਪਰਸਿਆ ਹੈ, ਉਹ ਜੀਵ ਲੋਕ ਪਰਲੋਕ ਵਿਚ ਮਾਇਆ ਦੇ ਬੰਧਨਾਂ ਤੋਂ ਬਚੇ ਹੋਏ ਹਨ ॥੮॥

59105	1386	ਪ੍ਰਭ ਦਾਤਉ ਦਾਤਾਰ ਪਰ੍ਹਿਉ ਜਾਚਕੁ ਇਕੁ ਸਰਨਾ॥	ਪਰ੍ਹਿਉ: ਪਰਿਅਉ	Prabh Dhaatho Dhaathaar Pariyo Jaachak Eik Saranaa ||	I am a beggar; I seek the Sanctuary of God, the Giver of givers.	ਹੇ ਪ੍ਰਭੂ! ਹੇ ਦਾਤੇ! ਹੇ ਦਾਤਾਰ! ਮੈਂ ਇਕ ਮੰਗਤਾ ਤੇਰੀ ਸਰਨ ਆਇਆ ਹਾਂ,
59106	1386	ਮਿਲੈ ਦਾਨੁ ਸੰਤ ਰੇਨ ਜੇਹ ਲਗਿ ਭਉਜਲੁ ਤਰਨਾ॥		Milai Dhaan Santh Raen Jaeh Lag Bhoujal Tharanaa ||	Please bless me with the gift of the dust of the feet of the Saints; grasping them, I cross over the terrifying world-ocean.	(ਮੈਨੂੰ ਮੰਗਤੇ ਨੂੰ) ਸਤਸੰਗੀਆਂ ਦੇ ਚਰਨਾਂ ਦੀ ਧੂੜ ਦਾ ਖ਼ੈਰ ਮਿਲ ਜਾਏ, ਤਾਕਿ ਇਸ ਧੂੜ ਦੀ ਓਟ ਲੈ ਕੇ ਮੈਂ (ਸੰਸਾਰ ਦੇ) ਘੁੰਮਣ-ਘੇਰ ਤੋਂ ਪਾਰ ਲੰਘ ਸਕਾਂ।
59107	1386	ਬਿਨਤਿ ਕਰਉ ਅਰਦਾਸਿ ਸੁਨਹੁ ਜੇ ਠਾਕੁਰ ਭਾਵੈ॥		Binath Karo Aradhaas Sunahu Jae Thaakur Bhaavai ||	Please listen to my prayer, if it pleases You, O my Lord and Master.	ਹੇ ਠਾਕੁਰ! ਜੇ ਤੈਨੂੰ ਚੰਗੀ ਲੱਗੇ ਤਾਂ (ਮਿਹਰ ਕਰ ਕੇ ਮੇਰੀ) ਅਰਜ਼ੋਈ ਸੁਣ, ਮੈਂ ਇਕ ਬੇਨਤੀ ਕਰਦਾ ਹਾਂ,
59108	1387	ਦੇਹੁ ਦਰਸੁ ਮਨਿ ਚਾਉ ਭਗਤਿ ਇਹੁ ਮਨੁ ਠਹਰਾਵੈ॥		Dhaehu Dharas Man Chaao Bhagath Eihu Man Theharaavai ||	My mind yearns for the Blessed Vision of Your Darshan. This mind abides in devotional worship.	(ਮੈਨੂੰ) ਦੀਦਾਰ ਦੇਹ; ਮੇਰੇ ਮਨ ਵਿਚ ਇਹ ਤਾਂਘ ਹੈ, (ਮਿਹਰ ਕਰ) ਮੇਰਾ ਇਹ ਮਨ ਤੇਰੀ ਭਗਤੀ ਵਿਚ ਟਿਕ ਜਾਏ।

59109	1387	ਬਲਿਓ ਚਰਾਗੁ ਅੰਧ੍ਯਾਰ ਮਹਿ ਸਭ ਕਲਿ ਉਧਰੀ ਇਕ ਨਾਮ ਧਰਮ॥	ਅੰਧ੍ਯਾਰ: ਅੰਧਿਆਰ	Baliou Charaag Andhhyaar Mehi Sabh Kal Oudhharee Eik Naam Dhharam ||	The lamp is lit in the darkness; all are saved in this Dark Age of Kali Yuga, through the One Name and faith in the Dharma.	(ਗੁਰੂ ਨਾਨਕ) ਹਨੇਰੇ ਵਿਚ ਦੀਵਾ ਜਗ ਪਿਆ ਹੈ, (ਉਸ ਦੇ ਦੱਸੇ ਹੋਏ) ਨਾਮ ਦੀ ਬਰਕਤਿ ਨਾਲ ਸਾਰੀ ਸ੍ਰਿਸ਼ਟੀ ਪਾਰ ਲੰਘ ਰਹੀ ਹੈ।
59110	1387	ਪ੍ਰਗਟੁ ਸਗਲ ਹਰਿ ਭਵਨ ਮਹਿ ਜਨੁ ਨਾਨਕੁ ਗੁਰ ਪਾਰਬ੍ਰਹਮ॥੯॥		Pragatt Sagal Har Bhavan Mehi Jan Naanak Gur Paarabreham ||9||	The Lord is revealed in all the worlds. O servant Nanak, the Guru is the Supreme Lord God. ||9||	ਤੇਰਾ ਸੇਵਕ, ਹੇ ਪਾਰਬ੍ਰਹਮ! ਤੇਰਾ ਰੂਪ ਗੁਰੂ ਨਾਨਕ ਸਾਰੇ ਜਗਤ ਵਿਚ ਪਰਗਟ ਹੋਇਆ ਹੈ ॥੯॥
59111	1387	ਸਵਯੇ ਸ੍ਰੀ ਮੁਖਬਾਖ੍ਯ ਮਹਲਾ ੫	ਸਵਯੇ: ਯੇ ਸਵਾਰ ਕੇ ਤਾਲੂ ਤੋਂ ਬੋਲੋ । ਮੁਖਬਾਖ੍ਯ: ਮੁਖਬਾਕਿਅ	Savayae Sree Mukhabaaky Mehalaa 5	Swaiyas From The Mouth Of The Great Fifth Mehl:	ਗੁਰੂ ਅਰਜਨਦੇਵ ਦੇ ਮੁਖਾਰਬਿੰਦ ਤੋਂ ਉਚਾਰਨ ਕੀਤੇ ਹੋਏ ਸਵਯੇ।
59112	1387	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
59113	1387	ਕਾਚੀ ਦੇਹ ਮੋਹ ਫੁਨਿ ਬਾਂਧੀ ਸਠ ਕਠੋਰ ਕੁਚੀਲ ਕੁਗਿਆਨੀ॥	ਸਠ: ਪੋਲਾ ਬੋਲੋ। ਕੁ-ਗਿਆਨੀ	Kaachee Dhaeh Moh Fun Baandhhee Sath Kathor Kucheel Kugiaanee ||	This body is frail and transitory, and bound to emotional attachment. I am foolish, stone-hearted, filthy and unwise.	ਮੈਂ ਦੁਰਜਨ ਹਾਂ, ਕਠੋਰ-ਦਿਲ ਹਾਂ, ਮੰਦੇ ਕੰਮਾਂ ਵਿਚ ਲੱਗਾ ਰਹਿੰਦਾ ਹਾਂ ਅਤੇ ਮੂਰਖ ਹਾਂ। (ਇਕ ਤਾਂ ਅੱਗੇ ਹੀ ਮੇਰਾ) ਸਰੀਰ ਸਦਾ-ਥਿਰ ਰਹਿਣ ਵਾਲਾ ਨਹੀਂ ਹੈ, ਉੱਤੋਂ ਸਗੋਂ ਇਹ ਮੋਹ ਨਾਲ ਜਕੜਿਆ ਪਿਆ ਹੈ,

59114	1387	ਧਾਵਤ ਭ੍ਰਮਤ ਰਹਨੁ ਨਹੀ ਪਾਵਤ ਪਾਰਬ੍ਰਹਮ ਕੀ ਗਤਿ ਨਹੀ ਜਾਨੀ॥		Dhhaavath Bhramath Rehan Nehee Paavath Paarabreham Kee Gath Nehee Jaanee ||	My mind wanders and wobbles, and will not hold steady. It does not know the state of the Supreme Lord God.	(ਇਸ ਮੋਹ ਦੇ ਕਾਰਣ) ਭਟਕਦਾ ਫਿਰਦਾ ਹਾਂ, (ਮਨ) ਟਿਕਦਾ ਨਹੀਂ ਹੈ, ਤੇ ਨਾ ਹੀ ਮੈਂ ਇਹ ਜਾਣਿਆ ਹੈ ਕਿ ਪਰਮਾਤਮਾ ਕਿਹੋ ਜਿਹਾ ਹੈ।
59115	1387	ਜੋਬਨ ਰੂਪ ਮਾਇਆ ਮਦ ਮਾਤਾ ਬਿਚਰਤ ਬਿਕਲ ਬਡੌ ਅਭਿਮਾਨੀ॥	ਬਿਕਲ:ਪੋਲਾ ਬੋਲੋ। (ਬਿਕਲ) ਵਿਆਕੁਲ। ਮਾੱਤਾ: ਕਸਕੇ ਬੋਲੋ	Joban Roop Maaeiaa Madh Maathaa Bicharath Bikal Badda Abhimaanee ||	I am intoxicated with the wine of youth, beauty and the riches of Maya. I wander around perplexed, in excessive egotistical pride.	ਮੈਂ ਜੁਆਨੀ, ਸੋਹਣੀ ਸ਼ਕਲ ਤੇ ਮਾਇਆ ਦੇ ਮਾਣ ਵਿਚ ਮਸਤ ਹੋਇਆ ਹੋਇਆ ਹਾਂ, ਆਪਣੇ ਆਪ ਨੂੰ ਭੁਲਾ ਕੇ ਭਟਕ ਰਿਹਾ ਹਾਂ ਅਤੇ ਬੜਾ ਅਹੰਕਾਰੀ ਹਾਂ।
59116	1387	ਪਰ ਧਨ ਪਰ ਅਪਵਾਦ ਨਾਰਿ ਨਿੰਦਾ ਯਹ ਮੀਠੀ ਜੀਅ ਮਾਹਿ ਹਿਤਾਨੀ॥	(ਅਪਵਾਦ) ਖੋਟੇ ਝਗੜੇ। (ਹਿਤਾਨੀ) ਪਿਆਰੀ ਲੱਗਦੀ ਹੈ। (ਹਿਤਾਨੀ) ਪਿਆਰੀ ਮੰਨੀ ਹੈ। ਯਹ-ਯ ਤਾਲੂ ਤੋਂ ਬੋਲੋ।	Par Dhhan Par Apavaadh Naar Nindhaa Yeh Meethee Jeea Maahi Hithaanee ||	The wealth and women of others, arguments and slander, are sweet and dear to my soul.	ਪਰਾਇਆ ਧਨ, ਪਰਾਈ ਬਖ਼ੀਲੀ, ਪਰਾਈ ਇਸਤ੍ਰੀ ਵੱਲ ਮੰਦੀ ਨਿਗਾਹ ਨਾਲ ਤੱਕਣਾ ਅਤੇ ਪਰਾਈ ਨਿੰਦਾ-ਮੈਨੂੰ ਆਪਣੇ ਹਿਰਦੇ ਵਿਚ ਇਹ ਗੱਲਾਂ ਮਿੱਠੀਆਂ ਤੇ ਪਿਆਰੀਆਂ ਲੱਗਦੀਆਂ ਹਨ।
59117	1387	ਬਲ ਬੰਚ ਛਪਿ ਕਰਤ ਉਪਾਵਾ ਪੇਖਤ ਸੁਨਤ ਪ੍ਰਭ ਅੰਤਰਜਾਮੀ॥		Balabanch Shhap Karath Oupaavaa Paekhath Sunath Prabh Antharajaamee ||	I try to hide my deception, but God, the Inner-knower, the Searcher of Hearts, sees and hears all.	ਹੇ ਅੰਤਰਜਾਮੀ ਪ੍ਰਭੂ! ਮੈਂ ਲੁਕ ਲੁਕ ਕੇ ਠੱਗੀ ਦੇ ਉਪਰਾਲੇ ਕਰਦਾ ਹਾਂ, (ਪਰ) ਤੂੰ ਵੇਖਦਾ ਤੇ ਸੁਣਦਾ ਹੈਂ।

59118	1387	ਸੀਲ ਧਰਮ ਦਯਾ ਸੁਚ ਨਾਸ੍ਰਿ ਆਇਓ ਸਰਨਿ ਜੀਅ ਕੇ ਦਾਨੀ॥	ਦ-ਯਾ: ਦ ਮੁਕਤਾ ਯਾ ਸਵਾਰ ਕੇਤਾਲੂ ਤੋਂ ਬੋਲੋ ।ਨਾਸ ਿ: ਅੱਧਾ ਤਤਾ ਸਿਹਾਰੀ ਲਾ ਕੇ: ਪੋਲਾ ਬੋਲੋ।	Seel Dhharam Dhayaa Such Naasio Aaeiou Saran Jeea Kae Dhaanee ||	I have no humility, faith, compassion or purity, but I seek Your Sanctuary, O Giver of life.	ਹੇ ਜੀਅ-ਦਾਨ ਦੇਣ ਵਾਲੇ! ਮੇਰੇ ਵਿਚ ਨਾਹ ਸੀਲ ਹੈ ਨਾਹ ਧਰਮ; ਨਾਹ ਦਇਆ ਹੈ ਨਾਹ ਸੁੱਚ। ਮੈਂ ਤੇਰੀ ਸਰਨ ਆਇਆ ਹਾਂ।
59119	1387	ਕਾਰਣ ਕਰਣ ਸਮਰਥ ਸਿਰੀਧਰ ਰਾਖਿ ਲੇਹੁ ਨਾਨਕ ਕੇ ਸੁਆਮੀ॥੧॥	ਸਮਰੱਥ	Kaaran Karan Samarathh Sireedhhar Raakh Laehu Naanak Kae Suaamee ||1||	The All-powerful Lord is the Cause of causes. O Lord and Master of Nanak, please save me! ||1||	ਹੇ ਸ੍ਰਿਸ਼ਟੀ ਦੇ ਸਮਰੱਥ ਕਰਤਾਰ! ਹੇ ਮਾਇਆ ਦੇ ਮਾਲਕ! ਹੇ ਨਾਨਕ ਦੇ ਸੁਆਮੀ! (ਮੈਨੂੰ ਇਹਨਾਂ ਤੋਂ) ਰੱਖ ਲੈ ॥੧॥
59120	1387	ਕੀਰਤਿ ਕਰਨ ਸਰਨ ਮਨਮੋਹਨ ਜੋਹਨ ਪਾਪ ਬਿਦਾਰਨ ਕਉ॥		Keerath Karan Saran Manamohan Johan Paap Bidhaaran Ko ||	The Praises of the Creator, the Enticer of the mind, are potent to destroy sins.	ਮਨ ਨੂੰ ਮੋਹ ਲੈਣ ਵਾਲੇ ਹਰੀ ਦੀ ਸਿਫ਼ਤ-ਸਾਲਾਹ ਕਰਨੀ ਤੇ ਉਸ ਦੀ ਸਰਨੀ ਪੈਣਾ-(ਜੀਵਾਂ ਦੇ) ਪਾਪਾਂ ਦੇ ਨਾਸ ਕਰਨ ਲਈ ਇਹ ਸਮਰੱਥ ਹਨ (ਭਾਵ, ਹਰੀ ਦੀ ਸਰਨ ਪੈ ਕੇ ਉਸ ਦਾ ਜਸ ਕਰੀਏ ਤਾਂ ਪਾਪ ਦੂਰ ਹੋ ਜਾਂਦੇ ਹਨ)।
59121	1387	ਹਰਿ ਤਾਰਨ ਤਰਨ ਸਮਰਥ ਸਭੈ ਬਿਧਿ ਕੁਲਹ ਸਮੂਹ ਉਧਾਰਨ ਸਉ॥	ਸਮਰੱਥ, ਕੁਲ-ਹ: ਪੋਲਾ ਬੋਲੋ	Har Thaaran Tharan Samarathh Sabhai Bidhh Kuleh Samooh Oudhhaaran So ||	The All-powerful Lord is the boat, to carry us across; He saves all our generations.	ਹਰੀ (ਜੀਆਂ ਨੂੰ ਸੰਸਾਰ-ਸਾਗਰ ਤੋਂ) ਤਾਰਨ ਲਈ ਜਹਾਜ਼ ਹੈ ਅਤੇ (ਭਗਤ ਜਨਾਂ ਦੀਆਂ ਅਨੇਕਾਂ ਕੁਲਾਂ ਨੂੰ ਪਾਰ ਉਤਾਰਨ ਲਈ ਪੂਰਨ ਤੌਰ ਤੇ ਸਮਰੱਥ ਹੈ।

59122	1387	ਚਿਤ ਚੇਤਿ ਅਚੇਤ ਜਾਨਿ ਸਤਸੰਗਤਿ ਭਰਮ ਅੰਧੇਰ ਮੋਹਿਓ ਕਤ ਧਾਂਉ॥	(ਧਨਉ) ਦੌੜਦਾ ਹੈਂ	Chith Chaeth Achaeth Jaan Sathasangath Bharam Andhhaer Mohiou Kath Dhhano ||	O my unconscious mind, contemplate and remember Him in the Sat Sangat, the True Congregation. Why are you wandering around, enticed by the darkness of doubt?	ਹੇ (ਮੇਰੇ) ਗ਼ਾਫਲ ਮਨ! (ਰਾਮ ਨੂੰ) ਸਿਮਰ, ਸਾਧ ਸੰਗਤ ਨਾਲ ਸਾਂਝ ਪਾ, ਭਰਮ-ਰੂਪ ਹਨੇਰੇ ਦਾ ਮੁੱਠਿਆ ਹੋਇਆ (ਤੂੰ) ਕਿੱਧਰ ਭਟਕਦਾ ਫਿਰਦਾ ਹੈਂ?
59123	1387	ਮੂਰਤ ਘਰੀ ਚਸਾ ਪਲੁ ਸਿਮਰਨ ਰਾਮ ਨਾਮ ਰਸਨਾ ਸੰਗ ਲਉ॥	ਚਸਾ: ਪੋਲਾ ਬੋਲੋ	Moorath Gharee Chasaa Pal Simaran Raam Naam Rasanaa Sang Lo ||	Remember Him in meditation, for an hour, for a moment, even for an instant. Chant the Name of the Lord with your tongue.	ਮਹੂਰਤ ਮਾਤ੍ਰ, ਘੜੀ ਭਰ, ਚਸਾ ਮਾਤ੍ਰ ਜਾਂ ਪਲ ਭਰ ਹੀ ਰਾਮ ਦਾ ਸਿਮਰਨ ਕਰ, ਜੀਭ ਨਾਲ ਰਾਮ ਦਾ ਨਾਮ ਸਿਮਰ।
59124	1387	ਹੋਛਉ ਕਾਜੁ ਅਲਪ ਸੁਖ ਬੰਧਨ ਕੋਟਿ ਜਨੰਮ ਕਹਾ ਦੁਖ ਭੰਉ॥		Hoshho Kaaj Alap Sukh Bandhhan Kott Jananm Kehaa Dhukh Bhano ||	You are bound to worthless deeds and shallow pleasures; why do you spend millions of lifetimes wandering in such pain?	(ਇਹ ਦੁਨੀਆ ਦਾ) ਧੰਧਾ ਸਦਾ ਨਾਲ ਨਿਭਣ ਵਾਲਾ ਨਹੀਂ ਹੈ, (ਮਾਇਆ ਦੇ ਇਹ) ਥੋੜੇ ਜਿਹੇ ਸੁਖ (ਜੀਵ ਨੂੰ) ਫਸਾਵਣ ਦਾ ਕਾਰਨ ਹਨ; (ਇਹਨਾਂ ਦੀ ਖ਼ਾਤਰ) ਕਿੱਥੇ ਕ੍ਰੋੜਾਂ ਜਨਮਾਂ ਤਾਈਂ (ਤੂੰ) ਦੁਖਾਂ ਵਿਚ ਭਟਕਦਾ ਫਿਰੇਂਗਾ?

59125	1387	ਸਿਖ੍ਯਾ ਸੰਤ ਨਾਮੁ ਭਜੁ ਨਾਨਕ ਰਾਮ ਰੰਗਿ ਆਤਮ ਸਿਉ ਰੰਉ॥੨॥	ਸਿਖ੍ਯਾ:ਸਿੱਖਿਆ	Sikhyaa Santh Naam Bhaj Naanak Raam Rang Aatham Sio Rano ||2||	Chant and vibrate the Name of the Lord, O Nanak, through the Teachings of the Saints. Meditate on the Lord with love in your soul. ||2||	ਤਾਂ ਤੇ, ਹੇ ਨਾਨਕ! ਸੰਤਾਂ ਦਾ ਉਪਦੇਸ਼ ਲੈ ਕੇ ਨਾਮ ਸਿਮਰ, ਤੇ ਰਾਮ ਦੇ ਰੰਗ ਵਿਚ (ਮਗਨ ਹੋ ਕੇ) ਆਪਣੇ ਅੰਦਰ ਹੀ ਆਨੰਦ ਲੈ ॥੨॥
59126	1387	ਰੰਚਕ ਰੇਤ ਖੇਤ ਤਨਿ ਨਿਰਮਿਤ ਦੁਰਲਭ ਦੇਹ ਸਵਾਰਿ ਧਰੀ॥	(ਰੰਚਕ) ਥੋੜ੍ਹੇ ਜਿਹੇ। (ਰੇਤ) ਬਿੰਦ ਨੂੰ।ਮਾਤਾ ਦੇ (ਸ੍ਰੀਰ) ਖੇਤ ਚ । (ਨਿਰ-ਮਿਤ) ਇਸਥਿੱਤ। ਦੁਰ-ਲਭ	Ranchak Raeth Khaeth Than Niramith Dhuralabh Dhaeh Savaar Dhharee ||	The little sperm is planted in the body-field of the mother, and the human body, so difficult to obtain, is formed.	(ਹੇ ਜੀਵ! ਪਰਮਾਤਮਾ ਨੇ ਪਿਤਾ ਦਾ) ਰਤਾ ਕੁ ਬੀਰਜ ਮਾਂ ਦੇ ਪੇਟ-ਰੂਪ ਖੇਤ ਵਿਚ ਨਿੰਮਿਆ ਤੇ (ਤੇਰਾ) ਅਮੋਲਕ (ਮਨੁੱਖਾ) ਸਰੀਰ ਸਜਾ ਕੇ ਰੱਖ ਦਿੱਤਾ।
59127	1387	ਖਾਨ ਪਾਨ ਸੋਧੇ ਸੁਖ ਭੁੰਚਤ ਸੰਕਟ ਕਾਟਿ ਬਿਪਤਿ ਹਰੀ॥		Khaan Paan Sodhhae Sukh Bhunchath Sankatt Kaatt Bipath Haree ||	He eats and drinks, and enjoys pleasures; his pains are taken away, and his suffering is gone.	(ਉਸ ਨੇ ਤੈਨੂੰ) ਖਾਣ ਪੀਣ ਦੇ ਪਦਾਰਥ, ਮਹਲ-ਮਾੜੀਆਂ ਤੇ ਮਾਣਨ ਨੂੰ ਸੁਖ ਬਖ਼ਸ਼ੇ, ਸੰਕਟ ਕੱਟ ਕੇ ਤੇਰੀ ਬਿਪਤਾ ਦੂਰ ਕੀਤੀ।
59128	1387	ਮਾਤ ਪਿਤਾ ਭਾਈ ਅਰੁ ਬੰਧਪ ਬੂਝਨ ਕੀ ਸਭ ਸੂਝ ਪਰੀ॥		Maath Pithaa Bhaaee Ar Bandhhap Boojhan Kee Sabh Soojh Paree ||	He is given the understanding to recognize mother, father, siblings and relatives.	(ਹੇ ਜੀਵ! ਪਰਮਾਤਮਾ ਦੀ ਮਿਹਰ ਨਾਲ) ਤਦੋਂ ਮਾਂ, ਪਿਉ, ਭਰਾ ਤੇ ਸਾਕ-ਸੈਣ-ਪਛਾਣਨ ਦੀ ਤੇਰੇ ਅੰਦਰ ਸੂਝ ਪੈ ਗਈ।

59129	1387	ਬਰਧਮਾਨ ਹੋਵਤ ਦਿਨ ਪ੍ਰਤ ਨਿਤ ਆਵਤ ਨਿਕਟਿ ਬਿਖੰਮ ਜਰੀ॥	(ਜਰੀ) ਬੁਢੇਪਾ। ਬਿ-ਖੰਮ	Baradhhamaan Hovath Dhin Prath Nith Aavath Nikatt Bikhanm Jaree ||	He grows day by day, as the horrible specter of old age comes closer and closer.	ਦਿਨੋ-ਦਿਨ ਸਦਾ (ਤੇਰਾ ਸਰੀਰ) ਵਧ-ਫੁੱਲ ਰਿਹਾ ਹੈ ਤੇ ਡਰਾਉਣਾ ਬੁਢੇਪਾ ਨੇੜੇ ਆ ਰਿਹਾ ਹੈ।
59130	1387	ਰੇ ਗੁਨ ਹੀਨ ਦੀਨ ਮਾਇਆ ਕ੍ਰਿਮ ਸਿਮਰਿ ਸੁਆਮੀ ਏਕ ਘਰੀ॥		Rae Gun Heen Dheen Maaeiaa Kiram Simar Suaamee Eaek Gharee ||	You worthless, petty worm of Maya - remember your Lord and Master, at least for an instant!	ਹੇ ਗੁਣਾਂ ਤੋਂ ਸੱਖਣੇ, ਕੰਗਲੇ, ਮਾਇਆ ਦੇ ਕੀੜੇ! ਇੱਕ ਘੜੀ (ਤਾਂ) ਉਸ ਮਾਲਕ ਨੂੰ ਯਾਦ ਕਰ (ਜਿਸ ਨੇ ਤੇਰੇ ਉੱਤੇ ਇਤਨੀਆਂ ਬਖ਼ਸ਼ਸ਼ਾਂ ਕੀਤੀਆਂ ਹਨ)।
59131	1387	ਕਰੁ ਗਹਿ ਲੇਹੁ ਕ੍ਰਿਪਾਲ ਕ੍ਰਿਪਾਨਿਧਿ ਨਾਨਕ ਕਾਟਿ ਭਰੰਮ ਭਰੀ॥੩॥		Kar Gehi Laehu Kirapaal Kirapaa Nidhh Naanak Kaatt Bharanm Bharee ||3||	Please take Nanak's hand, O Merciful Ocean of Mercy, and take away this heavy load of doubt. ||3||	ਹੇ ਦਿਆਲ! ਹੇ ਦਇਆ ਦੇ ਸਮੁੰਦਰ! ਨਾਨਕ ਦਾ ਹੱਥ ਫੜ ਲੈ ਤੇ ਭਰਮਾਂ ਦੀ ਪੰਡ ਲਾਹ ਦੇਹ ॥੩॥
59132	1387	ਰੇ ਮਨ ਮੂਸ ਬਿਲਾ ਮਹਿ ਗਰਬਤ ਕਰਤਬ ਕਰਤ ਮਹਾਂ ਮੁਘਨਾਂ॥	ਦੇਹ ਰੂਪ (ਬਿਲਾ) ਖੱਡ। (ਮੁਘਨਾਂ) ਮੂਰਖਾਂ ਵਾਲੇ। ਕਰ-ਤਬ, ਬਿਲਾ: ਪੋਲੇ ਬੋਲੋ	Rae Man Moos Bilaa Mehi Garabath Karathab Karath Mehaan Mughanaan ||	O mind, you are a mouse, living in the mousehole of the body; you are so proud of yourself, but you act like an absolute fool.	ਹੇ ਮਨ! (ਤੂੰ ਇਸ ਸਰੀਰ ਵਿਚ ਮਾਣ ਕਰਦਾ ਹੈਂ ਜਿਵੇਂ) ਚੂਹਾ ਖੁੱਡ ਵਿਚ ਰਹਿ ਕੇ ਹੰਕਾਰ ਕਰਦਾ ਹੈ, ਅਤੇ ਤੂੰ ਵੱਡੇ ਮੂਰਖਾਂ ਵਾਲੇ ਕੰਮ ਕਰਦਾ ਹੈਂ।

59133	1387	ਸੰਪਤ ਦੋਲ ਝੋਲ ਸੰਗ ਝੂਲਤ ਮਾਇਆ ਮਗਨ ਭ੍ਰਮਤ ਘੁਘਨਾ॥		Sanpath Dhol Jhol Sang Jhoolath Maaeiaa Magan Bhramath Ghughanaa ||	You swing in the swing of wealth, intoxicated with Maya, and you wander around like an owl.	(ਤੂੰ) ਮਾਇਆ ਦੇ ਪੰਘੂੜੇ ਵਿਚ ਹੁਲਾਰੇ ਲੈ ਕੇ ਝੂਟ ਰਿਹਾ ਹੈਂ, ਅਤੇ ਮਾਇਆ ਵਿਚ ਮਸਤ ਹੋ ਕੇ ਉੱਲੂ ਵਾਂਗ ਭਟਕ ਰਿਹਾ ਹੈਂ।
59134	1387	ਸੁਤ ਬਨਿਤਾ ਸਾਜਨ ਸੁਖ ਬੰਧਪ ਤਾ ਸਿਉ ਮੋਹੁ ਬਢਿਓ ਸੁ ਘਨਾ॥		Suth Banithaa Saajan Sukh Bandhhap Thaa Sio Mohu Badtiou S Ghanaa ||	You take pleasure in your children, spouse, friends and relatives; your emotional attachment to them is increasing.	ਪੁੱਤ੍ਰ, ਇਸਤ੍ਰੀ, ਮਿੱਤ੍ਰ, (ਸੰਸਾਰ ਦੇ) ਸੁਖ ਅਤੇ ਸੰਬੰਧੀ-ਇਹਨਾਂ ਨਾਲ (ਤੇਰਾ) ਬਹੁਤਾ ਮੋਹ ਵਧ ਰਿਹਾ ਹੈ।
59135	1387	ਬੋਇਓ ਬੀਜੁ ਅਹੰ ਮਮ ਅੰਕੁਰੁ ਬੀਤਤ ਅਉਧ ਕਰਤ ਅਘਨਾਂ॥	(ਅਹੰ) ਹੰਕਾਰ (ਮਮ) ਮਮਤਾ ਰੂਪੀ ਬੀਜੁ । (ਅਘਨਾਂ) ਪਾਪ ਦਾ (ਅਮਕੁਰੁ) ਅਕੂਰ	Boeiou Beej Ahan Mam Ankur Beethath Aoudhh Karath Aghanaan ||	You have planted the seeds of egotism, and the sprout of possessiveness has come up. You pass your life making sinful mistakes.	ਤੂੰ (ਆਪਣੇ ਅੰਦਰ) ਹਉਮੈ ਦਾ ਬੀਜ ਬੀਜਿਆ ਹੋਇਆ ਹੈ (ਜਿਸ ਤੋਂ) ਮਮਤਾ ਦਾ ਅੰਗੂਰ (ਉੱਗ ਰਿਹਾ ਹੈ), ਤੇਰੀ ਉਮਰ ਪਾਪ ਕਰਦਿਆਂ ਬੀਤ ਰਹੀ ਹੈ।
59136	1387	ਮਿਰਤੁ ਮੰਜਾਰ ਪਸਾਰਿ ਮੁਖੁ ਨਿਰਖਤ ਭੁੰਚਤ ਭੁਗਤਿ ਭੂਖ ਭੁਖਨਾ॥	(ਭੁੱਖਨਾ) ਕਾਲ	Mirath Manjaar Pasaar Mukh Nirakhath Bhunchath Bhugath Bhookh Bhukhanaa ||	The cat of death, with his mouth wide-open, is watching you. You eat food, but you are still hungry.	ਮੌਤ-ਰੂਪ ਬਿੱਲਾ ਮੂੰਹ ਖੋਹਲ ਕੇ (ਤੈਨੂੰ) ਤੱਕ ਰਿਹਾ ਹੈ, (ਪਰ) ਤੂੰ ਭੋਗਾਂ ਨੂੰ ਭੋਗ ਰਿਹਾ ਹੈਂ। ਫਿਰ ਭੀ ਤ੍ਰਿਸ਼ਨਾ-ਅਧੀਨ (ਤੂੰ) ਭੁੱਖਾ ਹੀ ਹੈਂ।

59137	1387	ਸਿਮਰਿ ਗੁਪਾਲ ਦਇਆਲ ਸਤਸੰਗਤਿ ਨਾਨਕ ਜਗੁ ਜਾਨਤ ਸੁਪਨਾ॥੪॥		Simar Gupaal Dhaeiaal Sathasangath Naanak Jag Jaanath Supanaa ||4||	Meditate in remembrance on the Merciful Lord of the World, O Nanak, in the Sat Sangat, the True Congregation. Know that the world is just a dream. ||4||	ਹੇ ਨਾਨਕ (ਦੇ ਮਨ!) ਸੰਸਾਰ ਨੂੰ ਸੁਫ਼ਨਾ ਜਾਣ ਕੇ ਸਤ-ਸੰਗਤ ਵਿਚ (ਟਿਕ ਕੇ) ਗੋਪਾਲ ਦਇਆਲ ਹਰੀ ਨੂੰ ਸਿਮਰ ॥੪॥
59138	1388	ਦੇਹਨ ਗੇਹਨ ਨੇਹ ਨ ਨੀਤਾ ਮਾਇਆ ਮਤ ਕਹਾ ਲਉ ਗਾਰਹੁ॥	(ਗਾਰਹੁ) ਗੌਰਵਤਾ ਕਿੱਥੋਂ ਲਵੇਂਗਾ। ਮੱਤ	Dhaeh N Gaeh N Naeh N Neethaa Maaeiaa Math Kehaa Lo Gaarahu ||	Neither body, nor house, nor love last forever. You are intoxicated with Maya; how long will you be proud of them?	ਹੇ ਮਾਇਆ ਵਿਚ ਮੱਤੇ ਹੋਏ (ਜੀਵ!) ਇਹ ਸਰੀਰ, ਇਹ ਘਰ, (ਮਾਇਆ ਦੇ) ਇਹ ਪਿਆਰ, ਕੋਈ ਸਦਾ ਰਹਿਣ ਵਾਲੇ ਨਹੀਂ ਹਨ; ਕਦ ਤਾਈਂ (ਤੂੰ ਇਹਨਾਂ ਦਾ) ਹੰਕਾਰ ਕਰੇਂਗਾ?
59139	1388	ਛਤ੍ਰਨ ਪਤ੍ਰਨ ਚਉਰ ਨ ਚਾਵਰ ਬਹਤੀ ਜਾਤ ਰਿਦੈ ਨ ਬਿਚਾਰਹੁ॥	(ਪੱਤ੍ਰਨ) ਪਰਵਾਨੇ ਨਹੀਂ ਚੱਲਣੇ। (ਚਾਵਰ) ਚੌਰਬਰਦਾਰ ਭੀ ਨਹੀਂ ਰਹਿਣੇ। (ਜਾਤ) ਗੁਜ਼ਰਦੀ ਜਾਂਦੀ ਹੈ ਉਮਰ। ਛਤਰਨ: ਪੋਲਾ ਬੋਲੋ	Shhathr N Pathr N Chour N Chaavar Behathee Jaath Ridhai N Bichaarahu ||	Neither crown, nor canopy, nor servants last forever. You do not consider in your heart that your life is passing away.	ਇਹ (ਰਾਜਸੀ) ਛਤਰ, ਇਹ ਹੁਕਮ-ਨਾਮੇ, ਇਹ ਚਉਰ ਅਤੇ ਇਹ ਚਉਰ-ਬਰਦਾਰ, ਸਭ ਨਾਸ ਹੋ ਜਾਣਗੇ। ਪਰ ਹਿਰਦੇ ਵਿਚ ਤੂੰ ਵਿਚਾਰਦਾ ਨਹੀਂ ਹੈਂ।

59140	1388	ਰਥਨ ਅਸ੍ਵਨ ਗਜ ਸਿੰਘਾਸਨ ਛਿਨ ਮਹਿ ਤਿਆਗਤ ਨਾਂਗ ਸਿਧਾਰਹੁ॥	ਅਸ੍ਵਨ: ਅੱਧਾ ਵਾਵਾ ਪੋਲਾ ਬੋਲੋ	Rathh N Asv N Gaj Singhaasan Shhin Mehi Thiaagath Naang Sidhhaarahu ||	Neither chariots, nor horses, nor elephants or royal thrones shall last forever. In an instant, you will have to leave them, and depart naked.	ਰਥ, ਘੋੜੇ, ਹਾਥੀ, ਤਖ਼ਤ, (ਇਹਨਾਂ ਵਿਚੋਂ ਕੋਈ ਭੀ ਨਾਲ) ਨਹੀਂ (ਨਿਭਣਾ), ਇਹਨਾਂ ਨੂੰ ਇਕ ਖਿਨ ਵਿਚ ਛੱਡ ਕੇ ਨੰਗਾ (ਹੀ ਇਥੋਂ) ਤੁਰ ਜਾਹਿਂਗਾ।
59141	1388	ਸੂਰਨ ਬੀਰਨ ਮੀਰ ਨ ਖਾਨਮ ਸੰਗਿ ਨ ਕੋਊ ਦ੍ਰਿਸਟਿ ਨਿਹਾਰਹੁ॥		Soor N Beer N Meer N Khaanam Sang N Kooo Dhrisatt Nihaarahu ||	Neither warrior, nor hero, nor king or ruler last forever; see this with your eyes.	ਅੱਖਾਂ ਨਾਲ ਵੇਖ! ਨਾਹ ਸੂਰਮੇ, ਨਾਹ ਜੋਧੇ, ਨਾਹ ਮੀਰ, ਨਾਹ ਸਿਰਦਾਰ, ਕੋਈ ਭੀ ਸਾਥੀ ਨਹੀਂ (ਬਣਨੇ)।
59142	1388	ਕੋਟਨ ਓਟਨ ਕੋਸ ਨ ਛੋਟਾ ਕਰਤ ਬਿਕਾਰ ਦੋਊ ਕਰ ਝਾਰਹੁ॥	(ਕੋਸ) ਖ਼ਜ਼ਾਨੇ ਕਰਕੇ ਭੀ (ਛੋਟਾ) ਛੁਟਕਾਰਾ ਨਹੀਂ	Kott N Outt N Kos N Shhottaa Karath Bikaar Dhooo Kar Jhaarahu ||	Neither fortress, nor shelter, nor treasure will save you; doing evil deeds, you shall depart empty-handed.	ਇਹਨਾਂ ਕਿਲ੍ਹਿਆਂ, (ਮਾਇਆ ਦੇ) ਆਸਰਿਆਂ ਤੇ ਖ਼ਜ਼ਾਨਿਆਂ ਨਾਲ (ਅੰਤ ਵੇਲੇ) ਛੁਟਕਾਰਾ ਨਹੀਂ (ਹੋ ਸਕੇਗਾ)। (ਤੂੰ) ਪਾਪ ਕਰ ਕਰ ਕੇ ਦੋਵੇਂ ਹੱਥ ਝਾੜਦਾ ਹੈਂ (ਭਾਵ, ਬੇ-ਪਰਵਾਹ ਹੋ ਕੇ ਪਾਪ ਕਰਦਾ ਹੈਂ)।

59143	1388	ਮਿਤ੍ਰ ਨ ਪੁਤ੍ਰ ਕਲਤ੍ਰ ਸਾਜਨ ਸਖ ਉਲਟਤ ਜਾਤ ਬਿਰਖ ਕੀ ਛਾਂਰਹੁ॥	(ਛਾਰਹੁ) ਛਾਇਆ। ਕ-ਲੱਤ੍ਰ	Mithr N Puthr Kalathr Saajan Sakh Oulattath Jaath Birakh Kee Shhaanrahu ||	Friends, children, spouses and friends - none of them last forever; they change like the shade of a tree.	ਇਹ ਮਿੱਤ੍ਰ, ਪੁੱਤ੍ਰ, ਇਸਤ੍ਰੀ, ਸੱਜਣ ਤੇ ਸਾਥੀ (ਅੰਤ ਵੇਲੇ) ਸਾਥ ਛੱਡ ਦੇਣਗੇ, ਜਿਵੇਂ (ਹਨੇਰੇ ਵਿਚ) ਰੁੱਖ ਦੀ ਛਾਂ (ਉਸ ਦਾ ਸਾਥ ਛੱਡ ਦੇਂਦੀ ਹੈ।)
59144	1388	ਦੀਨ ਦਯਾਲ ਪੁਰਖ ਪ੍ਰਭ ਪੂਰਨ ਛਿਨ ਛਿਨ ਸਿਮਰਹੁ ਅਗਮ ਅਪਾਰਹੁ॥	ਦ-ਯਾਲ: ਦ ਮੁਕਤਾ,ਯਾ ਸਵਾਰ ਕੇ ਤਾਲੂ ਤੋਂ ਬੋਲੋ। ਅ-ਗਮ: ਪੋਲਾ ਬੋਲੋ। (ਅਗਮ) ਸੋਗ ਰਹਿਤ	Dheen Dhayaal Purakh Prabh Pooran Shhin Shhin Simarahu Agam Apaarahu ||	God is the Perfect Primal Being, Merciful to the meek; each and every instant, meditate in remembrance on Him, the Inaccessible and Infinite.	(ਹੇ ਮਨ!) ਦੀਨਾਂ ਉੱਤੇ ਦਇਆ ਕਰਨ ਵਾਲੇ, ਸਭ ਥਾਈਂ ਵਿਆਪਕ, ਬੇਅੰਤ ਤੇ ਅਪਾਰ ਹਰੀ ਨੂੰ ਹਰ ਵੇਲੇ ਯਾਦ ਕਰ, (ਤੇ ਆਖ)-
59145	1388	ਸ੍ਰੀਪਤਿ ਨਾਥ ਸਰਣਿ ਨਾਨਕ ਜਨ ਹੇ ਭਗਵੰਤ ਕ੍ਰਿਪਾ ਕਰਿ ਤਾਰਹੁ॥੫॥		Sreepath Naathh Saran Naanak Jan Hae Bhagavanth Kirapaa Kar Thaarahu ||5||	O Great Lord and Master, servant Nanak seeks Your Sanctuary; please shower him with Your Mercy, and carry him across. ||5||	ਹੇ ਮਾਇਆ ਦੇ ਪਤੀ! ਹੇ ਨਾਥ! ਹੇ ਭਗਵੰਤ! ਨਾਨਕ ਦਾਸ ਨੂੰ ਕਿਰਪਾ ਕਰ ਕੇ ਤਾਰ ਲਵੋ, ਜੋ ਤੇਰੀ ਸਰਨ ਆਇਆ ਹੈ ॥੫॥

59146	1388	ਪ੍ਰਾਨ ਮਾਨ ਦਾਨ ਮਗ ਜੋਹਨ ਹੀਤੁ ਚੀਤੁ ਦੇ ਲੇ ਲੇ ਪਾਰੀ॥	(ਜੋਹਨ) ਤੱਕਦਾ ਹੈਂ	Praan Maan Dhaan Mag Johan Heeth Cheeth Dhae Lae Lae Paaree ||	I have used up my breath of life, sold my self-respect, begged for charity, committed highway robbery, and dedicated my consciousness to the love and pursuit of acquiring wealth.	(ਲੋਕ) ਜਾਨ ਹੀਲ ਕੇ, ਇੱਜ਼ਤ ਭੀ ਦੇ ਕੇ, ਦਾਨ ਲੈ ਲੈ ਕੇ, ਡਾਕੇ ਮਾਰ ਮਾਰ ਕੇ, (ਮਾਇਆ ਵਿਚ) ਪ੍ਰੇਮ ਜੋੜ ਕੇ, (ਪੂਰਨ) ਧਿਆਨ ਦੇ ਦੇ (ਮਾਇਆ ਨੂੰ) ਲੈ ਲੈ ਕੇ ਇਕੱਠੇ ਕਰਦੇ ਹਨ;
59147	1388	ਸਾਜਨ ਸੈਨ ਮੀਤ ਸੁਤ ਭਾਈ ਤਾਹੂ ਤੇ ਲੇ ਰਖੀ ਨਿਰਾਰੀ॥		Saajan Sain Meeth Suth Bhaaee Thaahoo Thae Lae Rakhee Niraaree ||	I have kept it secretly hidden from my friends, relatives, companions, children and siblings.	ਸੱਜਣ, ਸਾਥੀ, ਮਿੱਤ੍ਰ, ਪੁੱਤ੍ਰ, ਭਰਾ- ਇਹਨਾਂ ਸਭਨਾਂ ਤੋਂ ਉਹਲੇ ਲੁਕਾ ਕੇ ਰੱਖਦੇ ਹਨ।
59148	1388	ਧਾਵਨ ਪਾਵਨ ਕੂਰ ਕਮਾਵਨ ਇਹ ਬਿਧਿ ਕਰਤ ਅਉਧ ਤਨ ਜਾਰੀ॥		Dhhaavan Paavan Koor Kamaavan Eih Bidhh Karath Aoudhh Than Jaaree ||	I ran around practicing falsehood, burning up my body and growing old.	(ਲੋਕ ਮਾਇਆ ਦੇ ਪਿੱਛੇ) ਦੌੜਨਾ ਭੱਜਣਾ, ਠੱਗੀ ਦੇ ਕੰਮ ਕਰਨੇ- ਸਾਰੀ ਉਮਰ ਇਹ ਕੁਝ ਕਰਦਿਆਂ ਹੀ ਗਵਾ ਦਿੰਦੇ ਹਨ;

59149	1388	ਕਰਮ ਧਰਮ ਸੰਜਮ ਸੁਚ ਨੇਮਾ ਚੰਚਲ ਸੰਗਿ ਸਗਲ ਬਿਧਿ ਹਾਰੀ॥		Karam Dhharam Sanjam Such Naemaa Chanchal Sang Sagal Bidhh Haaree ||	I gave up good deeds, righteousness and Dharma, self-discipline, purity, religious vows and all good ways; I associated with the fickle Maya.	ਪੁੰਨ ਕਰਮ, ਜੁਗਤੀ ਵਿਚ ਰਹਿਣਾ, ਆਤਮਕ ਸੁਚ ਤੇ ਨੇਮ-ਇਹ ਸਾਰੇ ਹੀ ਕੰਮ ਚੰਚਲ ਮਾਇਆ ਦੀ ਸੰਗਤ ਵਿਚ ਛੱਡ ਬੈਠਦੇ ਹਨ।
59150	1388	ਪਸੁ ਪੰਖੀ ਬਿਰਖ ਅਸਥਾਵਰ ਬਹੁ ਬਿਧਿ ਜੋਨਿ ਭ੍ਰਮਿਓ ਅਤਿ ਭਾਰੀ॥	(ਅਸਥਾਵਰ) ਜੜ੍ਹ ਪੱਥਰ ਬ੍ਰਿਛ ਆਦਿਕ	Pas Pankhee Birakh Asathhaavar Bahu Bidhh Jon Bhramiou Ath Bhaaree ||	Beasts and birds, trees and mountains - in so many ways, I wandered lost in reincarnation.	(ਜੀਵ) ਪਸ਼ੂ, ਪੰਛੀ, ਰੁੱਖ, ਪਰਬਤ ਆਦਿਕ-ਇਹਨਾਂ ਰੰਗਾ-ਰੰਗ ਦੀਆਂ ਜੂਨੀਆਂ ਵਿਚ ਬਹੁਤ ਭਟਕਦੇ ਫਿਰਦੇ ਹਨ;
59151	1388	ਖਿਨੁ ਪਲੁ ਚਸਾ ਨਾਮੁ ਨਹੀ ਸਿਮਰਿਓ ਦੀਨਾ ਨਾਥ ਪ੍ਰਾਨਪਤਿ ਸਾਰੀ॥	ਚਸਾ: ਪੋਲਾ ਬੋਲੋ	Khin Pal Chasaa Naam Nehee Simariou Dheenaa Naathh Praanapath Saaree ||	I did not remember the Naam, the Name of the Lord, for a moment, or even an instant. He is the Master of the meek, the Lord of all life.	ਖਿਨ ਮਾਤ੍ਰ, ਪਲ ਮਾਤ੍ਰ ਜਾਂ ਚਸਾ ਮਾਤ੍ਰ ਭੀ ਦੀਨਾਂ ਦੇ ਨਾਥ, ਪ੍ਰਾਣਾਂ ਦੇ ਮਾਲਕ, ਸ੍ਰਿਸ਼ਟੀ ਦੇ ਸਾਜਣਹਾਰ ਦਾ ਨਾਮ ਨਹੀਂ ਜਪਦੇ।
59152	1388	ਖਾਨ ਪਾਨ ਮੀਠ ਰਸ ਭੋਜਨ ਅੰਤ ਕੀ ਬਾਰ ਹੋਤ ਕਤ ਖਾਰੀ॥	(ਖਾਰੀ) ਖਰੇ ਹੋਣਗੇ	Khaan Paan Meeth Ras Bhojan Anth Kee Baar Hoth Kath Khaaree ||	The food and drink, and the sweet and tasty dishes became totally bitter at the last moment.	ਖਾਣ ਪੀਣ, ਮਿੱਠੇ ਰਸਾਂ ਵਾਲੇ ਪਦਾਰਥ-(ਇਹ ਸਭ) ਅਖ਼ੀਰ ਦੇ ਵੇਲੇ ਸਦਾ ਕੌੜੇ (ਲੱਗਦੇ ਹਨ)।

59153	1388	ਨਾਨਕ ਸੰਤ ਚਰਨ ਸੰਗਿ ਉਧਰੇ ਹੋਰਿ ਮਾਇਆ ਮਗਨ ਚਲੇ ਸਭਿ ਡਾਰੀ॥੬॥	ਚੱਲੇ	Naanak Santh Charan Sang Oudhharae Hor Maaeiaa Magan Chalae Sabh Ddaaree ||6||	O Nanak, I was saved in the Society of the Saints, at their feet; the others, intoxicated with Maya, have gone, leaving everything behind. ||6||	ਹੇ ਨਾਨਕ! ਜੋ ਜਨ ਸੰਤਾਂ ਦੀ ਚਰਨੀਂ ਪੈਂਦੇ ਹਨ ਉਹ ਤਰ ਜਾਂਦੇ ਹਨ, ਬਾਕੀ ਲੋਕ, ਜੋ ਮਾਇਆ ਵਿਚ ਮਸਤ ਹਨ, ਸਭ ਕੁਝ ਛੱਡ ਕੇ (ਖ਼ਾਲੀ-ਹੱਥ ਹੀ) ਜਾਂਦੇ ਹਨ ॥੬॥
59154	1388	ਬ੍ਰਹਮਾਦਿਕ ਸਿਵ ਛੰਦ ਮੁਨੀਸੁਰ ਰਸਕਿ ਰਸਕਿ ਠਾਕੁਰ ਗੁਨ ਗਾਵਤ॥		Brehamaadhik Siv Shhandh Muneesur Rasak Rasak Thaakur Gun Gaavath ||	Brahma, Shiva, the Vedas and the silent sages sing the Glorious Praises of their Lord and Master with love and delight.	ਬ੍ਰਹਮਾ ਵਰਗੇ, ਸ਼ਿਵ ਜੀ ਅਤੇ ਵੱਡੇ ਵੱਡੇ ਮੁਨੀ ਵੇਦਾਂ ਦੁਆਰਾ ਪਰਮਾਤਮਾ ਦੇ ਗੁਣ ਪ੍ਰੇਮ ਨਾਲ ਗਾਉਂਦੇ ਹਨ।
59155	1388	ਇੰਦ੍ਰ ਮੁਨਿੰਦ੍ਰ ਖੋਜਤੇ ਗੋਰਖ ਧਰਣਿ ਗਗਨ ਆਵਤ ਫੁਨਿ ਧਾਵਤ॥		Eindhr Munindhr Khojathae Gorakh Dhharan Gagan Aavath Fun Dhhaavath ||	Indra, Vishnu and Gorakh, who come to earth and then go to heaven again, seek the Lord.	ਇੰਦ੍ਰ, ਵੱਡੇ ਵੱਡੇ ਮੁਨੀ ਤੇ ਗੋਰਖ (ਆਦਿਕ) ਕਦੇ ਧਰਤੀ ਤੇ ਆਉਂਦੇ ਹਨ ਕਦੇ ਆਕਾਸ਼ ਵਲ ਦੌੜਦੇ ਫਿਰਦੇ ਹਨ, (ਅਤੇ ਪਰਮਾਤਮਾ ਨੂੰ ਸਭ ਥਾਈਂ) ਖੋਜ ਰਹੇ ਹਨ।
59156	1388	ਸਿਧ ਮਨੁਖ੍ਯ ਦੇਵ ਅਰੁ ਦਾਨਵ ਇਕੁ ਤਿਲੁ ਤਾ ਕੋ ਮਰਮੁ ਨ ਪਾਵਤ॥	ਮਨੁਖ੍ਯ: ਮਨੁੱਖਿਅ	Sidhh Manukhy Dhaev Ar Dhaanav Eik Thil Thaa Ko Maram N Paavath ||	The Siddhas, human beings, gods and demons cannot find even a tiny bit of His Mystery.	ਸਿੱਧ, ਮਨੁੱਖ, ਦੇਵਤੇ ਤੇ ਦੈਂਤ, ਕਿਸੇ ਨੇ ਭੀ ਉਸ (ਪ੍ਰਭੂ) ਦਾ ਰਤਾ ਭਰ ਭੇਦ ਨਹੀਂ ਪਾਇਆ।

59157	1388	ਪ੍ਰਿਅ ਪ੍ਰਭ ਪ੍ਰੀਤਿ ਪ੍ਰੇਮ ਰਸ ਭਗਤੀ ਹਰਿ ਜਨ ਤਾ ਕੈ ਦਰਸਿ ਸਮਾਵਤ॥		Pria Prabh Preeth Praem Ras Bhagathee Har Jan Thaa Kai Dharas Samaavath ||	The Lord's humble servants are imbued with love and affection for God their Beloved; in the delight of devotional worship, they are absorbed in the Blessed Vision of His Darshan.	ਪਰ, ਹਰੀ ਦੇ ਦਾਸ ਪਿਆਰੇ ਪ੍ਰਭੂ ਦੀ ਪ੍ਰੀਤ ਦੁਆਰਾ ਤੇ ਪ੍ਰੇਮ-ਰਸ ਵਾਲੀ ਭਗਤੀ ਦੁਆਰਾ ਉਸ ਦੇ ਦਰਸ਼ਨ ਵਿਚ ਲੀਨ ਹੋ ਜਾਂਦੇ ਹਨ।
59158	1388	ਤਿਸਹਿ ਤਿਆਗਿ ਆਨ ਕਉ ਜਾਚਹਿ ਮੁਖ ਦੰਤ ਰਸਨ ਸਗਲ ਘਸਿ ਜਾਵਤ॥		Thisehi Thiaag Aan Ko Jaachehi Mukh Dhanth Rasan Sagal Ghas Jaavath ||	But those who forsake Him, and beg from another, shall see their mouths, teeth and tongues wear away.	(ਜਿਹੜੇ ਮਨੁੱਖ) ਉਸ ਪ੍ਰਭੂ ਨੂੰ ਛੱਡ ਕੇ ਹੋਰਨਾਂ ਤੋਂ ਮੰਗਦੇ ਹਨ (ਮੰਗਦਿਆਂ ਮੰਗਦਿਆਂ ਉਹਨਾਂ ਦੇ) ਮੂੰਹ, ਦੰਦ ਤੇ ਜੀਭ-ਇਹ ਸਾਰੇ ਹੀ ਘਸ ਜਾਂਦੇ ਹਨ।
59159	1388	ਰੇ ਮਨ ਮੂੜ ਸਿਮਰ ਸੁਖਦਾਤਾ ਨਾਨਕ ਦਾਸ ਤੁਝਹਿ ਸਮਝਾਵਤ॥੭॥		Rae Man Moorr Simar Sukhadhaathaa Naanak Dhaas Thujhehi Samajhaavath ||7||	O my foolish mind, meditate in remembrance on the Lord, the Giver of peace. Slave Nanak imparts these teachings. ||7||	ਹੇ ਮੂਰਖ ਮਨ! ਸੁਖਾਂ ਦੇ ਦੇਣ ਵਾਲੇ (ਪ੍ਰਭੂ) ਨੂੰ ਯਾਦ ਕਰ, ਤੈਨੂੰ (ਪ੍ਰਭੂ ਦਾ) ਦਾਸ ਨਾਨਕ ਸਮਝਾ ਰਿਹਾ ਹੈ ॥੭॥

59160	1388	ਮਾਇਆ ਰੰਗ ਬਿਰੰਗ ਕਰਤ ਭ੍ਰਮ ਮੋਹ ਕੈ ਕੂਪਿ ਗੁਬਾਰਿ ਪਰਿਓ ਹੈ॥		Maaeiaa Rang Birang Karath Bhram Moh Kai Koop Gubaar Pariou Hai ||	The pleasures of Maya shall fade away. In doubt, the mortal falls into the deep dark pit of emotional attachment.	ਭੁਲੇਖੇ ਤੇ ਮੋਹ ਦੇ ਕਾਰਨ (ਜਿਸ ਮਾਇਆ ਦੇ) ਹਨੇਰੇ ਖੂਹ ਵਿਚ ਤੂੰ ਪਿਆ ਹੋਇਆ ਹੈਂ, (ਉਹ) ਮਾਇਆ ਕਈ ਰੰਗਾਂ ਦੇ ਕੌਤਕ ਕਰਦੀ ਹੈ।
59161	1388	ਏਤਾ ਗਬੁ ਅਕਾਸਿ ਨ ਮਾਵਤ ਬਿਸਟਾ ਅਸੁ ਕ੍ਰਿਮਿ ਉਦਰੁ ਭਰਿਓ ਹੈ॥	ਅਸੁ: ਅੱਧਾ ਤੱਤਾ ਪੋਲਾ ਬੋਲੋ । ਗੱਬੁ	Eaethaa Gab Akaas N Maavath Bisattaa Aso Kiram Oudhar Bhariou Hai ||	He is so proud, even the sky cannot contain him. His belly is filled with manure, bones and worms.	(ਤੈਨੂੰ) ਇਤਨਾ ਅਹੰਕਾਰ ਹੈ ਕਿ ਅਸਮਾਨ ਤਾਈਂ ਨਹੀਂ (ਤੂੰ) ਮਿਉਂਦਾ। (ਪਰ ਤੇਰੀ ਹਸਤੀ ਤਾਂ ਇਹੀ ਕੁਝ ਹੈ ਨਾ ਕਿ ਤੇਰਾ) ਢਿੱਡ ਵਿਸ਼ਟਾ, ਹੱਡੀਆਂ ਤੇ ਕੀੜਿਆਂ ਨਾਲ ਭਰਿਆ ਹੋਇਆ ਹੈ।
59162	1388	ਦਹ ਦਿਸ ਧਾਇ ਮਹਾ ਬਿਖਿਆ ਕਉ ਪਰ ਧਨ ਛੀਨਿ ਅਗਿਆਨ ਹਰਿਓ ਹੈ॥		Dheh Dhis Dhhaae Mehaa Bikhiaa Ko Par Dhhan Shheen Agiaan Hariou Hai ||	He runs around in the ten directions, for the sake of the great poison of corruption. He steals the wealth of others, and in the end, he is destroyed by his own ignorance.	ਤੂੰ ਮਾਇਆ ਦੀ ਖ਼ਾਤਰ ਦਸੀਂ ਪਾਸੀਂ ਦੌੜਦਾ ਹੈਂ, ਪਰਾਇਆ ਧਨ ਖੋਂਹਦਾ ਹੈਂ, ਤੈਨੂੰ ਅਗਿਆਨ ਨੇ ਠੱਗ ਲਿਆ ਹੈ।

59163	1388	ਜੋਬਨ ਬੀਤਿ ਜਰਾ ਰੋਗਿ ਗ੍ਰਸਿਓ ਜਮਦੂਤਨ ਡੰਨੁ ਮਿਰਤੁ ਮਰਿਓ ਹੈ॥		Joban Beeth Jaraa Rog Grasiou Jamadhoothan Ddann Mirath Mariou Hai ||	His youth passes away, the illnesses of old age seize him, and the Messenger of Death punishes him; such is the death he dies.	(ਤੇਰੀ) ਜੁਆਨੀ ਬੀਤ ਗਈ ਹੈ; ਬੁਢੇਪੇ-ਰੂਪ ਰੋਗ ਨੇ (ਤੈਨੂੰ) ਆ ਘੇਰਿਆ ਹੈ; (ਤੂੰ ਅਜੇਹੀ) ਮੌਤੇ ਮੁਇਆ ਹੈਂ (ਜਿੱਥੇ) ਤੈਨੂੰ ਜਮਦੂਤਾਂ ਦਾ ਡੰਨ ਭਰਨਾ ਪਏਗਾ।
59164	1388	ਅਨਿਕ ਜੋਨਿ ਸੰਕਟ ਨਰਕ ਭੁੰਚਤ ਸਾਸਨ ਦੂਖ ਗਰਤਿ ਗਰਿਓ ਹੈ॥		Anik Jon Sankatt Narak Bhunchath Saasan Dhookh Garath Gariou Hai ||	He suffers the agony of hell in countless incarnations; he rots away in the pit of pain and condemnation.	ਤੂੰ ਅਨੇਕਾਂ ਜੂਨਾਂ ਦੇ ਕਸ਼ਟ ਤੇ ਨਰਕ ਭੋਗਦਾ ਹੈਂ, ਜਮਾਂ ਦੀ ਤਾੜਨਾ ਦੇ ਦੁੱਖਾਂ ਦੇ ਟੋਏ ਵਿਚ ਗਲ ਰਿਹਾ ਹੈਂ।
59165	1388	ਪ੍ਰੇਮ ਭਗਤਿ ਉਧਰਹਿ ਸੇ ਨਾਨਕ ਕਰਿ ਕਿਰਪਾ ਸੰਤੁ ਆਪਿ ਕਰਿਓ ਹੈ॥੮॥	ਉਧਰ-ਹਿ	Praem Bhagath Oudhharehi Sae Naanak Kar Kirapaa Santh Aap Kariou Hai ||8||	O Nanak, those whom the Saint mercifully takes as his own, are carried across by their loving devotional worship. ||8||	ਹੇ ਨਾਨਕ! ਉਹ ਮਨੁੱਖ ਪ੍ਰੇਮ-ਭਗਤੀ ਦੀ ਬਰਕਤਿ ਨਾਲ ਪਾਰ ਲੰਘ ਗਏ ਹਨ, ਜਿਨ੍ਹਾਂ ਨੂੰ (ਹਰੀ ਨੇ) ਮਿਹਰ ਕਰ ਕੇ ਆਪ ਸੰਤ ਬਣਾ ਲਿਆ ਹੈ ॥੮॥
59166	1388	ਗੁਣ ਸਮੂਹ ਫਲ ਸਗਲ ਮਨੋਰਥ ਪੂਰਨ ਹੋਈ ਆਸ ਹਮਾਰੀ॥		Gun Samooh Fal Sagal Manorathh Pooran Hoee Aas Hamaaree ||	All virtues are obtained, all fruits and rewards, and the desires of the mind; my hopes have been totally fulfilled.	(ਹਰੀ ਦੇ ਨਾਮ ਨੂੰ ਸਿਮਰਨ ਨਾਲ) ਸਾਡੀ ਆਸ ਪੂਰੀ ਹੋ ਗਈ ਹੈ, ਸਾਰੇ ਗੁਣ ਤੇ ਸਾਰੇ ਮਨੋਰਥਾਂ ਦੇ ਫਲ ਪ੍ਰਾਪਤ ਹੋ ਗਏ ਹਨ।

59167	1388	ਅਉਖਧ ਮੰਤ੍ਰ ਤੰਤ੍ਰ ਪਰ ਦੁਖ ਹਰ ਸਰਬ ਰੋਗ ਖੰਡਣ ਗੁਣਕਾਰੀ॥		Aoukhadhh Manthr Thanthr Par Dhukh Har Sarab Rog Khanddan Gunakaaree ||	The Medicine, the Mantra, the Magic Charm, will cure all illnesses and totally take away all pain.	ਪਰਾਏ ਦੁੱਖ ਦੂਰ ਕਰਨ ਲਈ (ਇਹ ਨਾਮ) ਅਉਖਧੀ ਰੂਪ ਹੈ, ਮੰਤ੍ਰ-ਰੂਪ ਹੈ, ਨਾਮ ਸਾਰੇ ਰੋਗਾਂ ਦੇ ਨਾਸ ਕਰਨ ਵਾਲਾ ਹੈ ਤੇ ਗੁਣ ਪੈਦਾ ਕਰਨ ਵਾਲਾ ਹੈ।
59168	1389	ਕਾਮ ਕ੍ਰੋਧ ਮਦ ਮਤਸਰ ਤ੍ਰਿਸਨਾ ਬਿਨਸਿ ਜਾਹਿ ਹਰਿ ਨਾਮੁ ਉਚਾਰੀ॥		Kaam Krodhh Madh Mathasar Thrisanaa Binas Jaahi Har Naam Ouchaaree ||	Lust, anger, egotism, jealousy and desire are eliminated by chanting the Name of the Lord.	ਹਰੀ-ਨਾਮ ਨੂੰ ਸਿਮਰਿਆਂ ਕਾਮ, ਕ੍ਰੋਧ, ਅਹੰਕਾਰ, ਈਰਖਾ ਤੇ ਤ੍ਰਿਸ਼ਨਾ-ਇਹ ਸਭ ਨਾਸ ਹੋ ਜਾਂਦੇ ਹਨ।
59169	1389	ਇਸਨਾਨ ਦਾਨ ਤਾਪਨ ਸੁਚਿ ਕਿਰਿਆ ਚਰਣਕਮਲ ਹਿਰਦੈ ਪ੍ਰਭ ਧਾਰੀ॥		Eisanaan Dhaan Thaapan Such Kiriaa Charan Kamal Hiradhai Prabh Dhhaaree ||	The merits of cleansing baths, charity, penance, purity and good deeds, are obtained by enshrining the Lotus Feet of God within the heart.	(ਤੀਰਥਾਂ ਦੇ) ਇਸ਼ਨਾਨ ਕਰਨੇ, (ਓਥੇ) ਦਾਨ ਕਰਨੇ, ਤਪ ਸਾਧਣੇ ਤੇ ਸਰੀਰਕ ਸੁੱਚ ਦੇ ਕਰਮ-(ਇਹਨਾਂ ਸਭਨਾਂ ਦੀ ਥਾਂ) ਅਸਾਂ ਪ੍ਰਭੂ ਦੇ ਚਰਨ ਹਿਰਦੇ ਵਿਚ ਧਾਰ ਲਏ ਹਨ।
59170	1389	ਸਾਜਨ ਮੀਤ ਸਖਾ ਹਰਿ ਬੰਧਪ ਜੀਅ ਧਾਨ ਪ੍ਰਭ ਪ੍ਰਾਨ ਅਧਾਰੀ॥	(ਧਾਨ) ਧਿਆਨ	Saajan Meeth Sakhaa Har Bandhhap Jeea Dhhaan Prabh Praan Adhhaaree ||	The Lord is my Friend, my Very Best Friend, Companion and Relative. God is the Sustenance of the soul, the Support of the breath of life.	ਹਰੀ ਸਾਡਾ ਸੱਜਣ ਹੈ, ਮਿੱਤ੍ਰ ਹੈ, ਸਖਾ ਤੇ ਸੰਬੰਧੀ ਹੈ; ਸਾਡੀ ਜ਼ਿੰਦਗੀ ਦਾ ਆਸਰਾ ਹੈ ਤੇ ਪ੍ਰਾਣਾਂ ਦਾ ਆਧਾਰ ਹੈ।

59171	1389	ਓਟ ਗਹੀ ਸੁਆਮੀ ਸਮਰਥਹ ਨਾਨਕ ਦਾਸ ਸਦਾ ਬਲਿਹਾਰੀ॥੯॥	ਸਮਰੱਥਹ	Outt Gehee Suaamee Samarathheh Naanak Dhaas Sadhaa Balihaaree ||9||	I have grasped the Shelter and Support of my All-powerful Lord and Master; slave Nanak is forever a sacrifice to Him. ||9||	ਅਸਾਂ ਸਮਰੱਥ ਮਾਲਕ ਦੀ ਓਟ ਪਕੜੀ ਹੈ, ਨਾਨਕ (ਉਸ ਦਾ) ਦਾਸ ਉਸ ਤੋਂ ਸਦਾ ਸਦਕੇ ਹੈ ॥੯॥
59172	1389	ਆਵਧ ਕਟਿਓ ਨ ਜਾਤ ਪ੍ਰੇਮ ਰਸ ਚਰਨਕਮਲ ਸੰਗਿ॥	(ਆਵਧ) ਸ਼ਸ਼ਤ੍ਰ	Aavadhh Kattiou N Jaath Praem Ras Charan Kamal Sang ||	Weapons cannot cut that person who delights in the love of the Lord's Lotus Feet.	(ਜਿਸ ਮਨੁੱਖ ਨੇ) ਹਰੀ ਦੇ ਚਰਨ ਕਮਲਾਂ ਨਾਲ ਜੁੜ ਕੇ ਪ੍ਰੇਮ ਦਾ ਸੁਆਦ (ਚੱਖਿਆ ਹੈ, ਉਹ) ਸ਼ਸਤ੍ਰਾਂ ਨਾਲ ਵੱਢਿਆ ਨਹੀਂ ਜਾ ਸਕਦਾ।
59173	1389	ਦਾਵਨਿ ਬੰਧਿਓ ਨ ਜਾਤ ਬਿਧੇ ਮਨ ਦਰਸ ਮਗਿ॥	(ਦਾਵਨਿ) ਰੱਸੇ, ਦ੍ਰਾਵਿਆਂ। (ਮਗਿ) ਮਗਨ। ਮਗਿ: ਪੋਲੇ ਬੋਲੋ। ਬਿੱਧੇ	Dhaavan Bandhhiou N Jaath Bidhhae Man Dharas Mag ||	Ropes cannot bind that person whose mind is pierced through by the Vision of the Lord's Way.	(ਜਿਸ ਦਾ) ਮਨ (ਹਰੀ ਦੇ) ਦਰਸ਼ਨ ਦੇ ਰਾਹ ਵਿੱਚ ਵਿੱਝ ਗਿਆ ਹੈ, ਉਹ ਰੱਸੀ ਨਾਲ (ਕਿਸੇ ਹੋਰ ਪਾਸੇ) ਬੰਨ੍ਹਿਆ ਨਹੀਂ ਜਾ ਸਕਦਾ।
59174	1389	ਪਾਵਕ ਜਰਿਓ ਨ ਜਾਤ ਰਹਿਓ ਜਨ ਧੂਰਿ ਲਗਿ॥	ਲੱਗਿ	Paavak Jariou N Jaath Rehiou Jan Dhhoor Lag ||	Fire cannot burn that person who is attached to the dust of the feet of the Lord's humble servant.	(ਜੋ ਮਨੁੱਖ) ਸੰਤ ਜਨਾਂ ਦੀ ਚਰਨ ਧੂੜ ਵਿਚ ਲੱਗ ਰਿਹਾ ਹੈ, (ਉਸ ਨੂੰ) ਅੱਗ ਸਾੜ ਨਹੀਂ ਸਕਦੀ;
59175	1389	ਨੀਰੁ ਨ ਸਾਕਸਿ ਬੋਰਿ ਚਲਹਿ ਹਰਿ ਪੰਥਿ ਪਗਿ॥	ਚੱਲਹਿ: ਪੋਲਾ ਬੋਲੋ। (ਪਗਿ) ਪੈਰ	Neer N Saakas Bor Chalehi Har Panthh Pag ||	Water cannot drown that person whose feet walk on the Lord's Path.	(ਜਿਸ ਦੇ) ਪੈਰ ਰੱਬ ਦੇ ਰਾਹ ਵਲ ਤੁਰਦੇ ਹਨ, ਉਸ ਨੂੰ ਪਾਣੀ ਡੋਬ ਨਹੀਂ ਸਕਦਾ।

59176	1389	ਨਾਨਕ ਰੋਗ ਦੋਖ ਅਘ ਮੋਹ ਛਿਦੇ ਹਰਿ ਨਾਮ ਖਗਿ॥੧॥੧੦॥	(ਖੱਗਿ) ਖੜਗ। ਛਿੱਦੇ	Naanak Rog Dhokh Agh Moh Shhidhae Har Naam Khag ||1||10||	O Nanak, diseases, faults, sinful mistakes and emotional attachment are pierced by the Arrow of the Name. ||1||10||	ਹੇ ਨਾਨਕ! (ਉਸ ਮਨੁੱਖ ਦੇ) ਰੋਗ, ਦੋਖ, ਪਾਪ ਅਤੇ ਮੋਹ-ਇਹ ਸਾਰੇ ਹੀ ਹਰੀ ਦੇ ਨਾਮ-ਰੂਪੀ ਤੀਰ ਨਾਲ ਕੱਟੇ ਜਾਂਦੇ ਹਨ ॥੧॥੧੦॥
59177	1389	ਉਦਮੁ ਕਰਿ ਲਾਗੇ ਬਹੁ ਭਾਤੀ ਬਿਚਰਹਿ ਅਨਿਕ ਸਾਸਤ੍ਰ ਬਹੁ ਖਟੂਆ॥	ਭਾਂਤੀ। ਖਟੂਆ: ਪੋਲਾ ਬੋਲੋ	Oudham Kar Laagae Bahu Bhaathee Bicharehi Anik Saasathr Bahu Khattooaa ||	People are engaged in making all sorts of efforts; they contemplate the various aspects of the six Shaastras.	ਅਨੇਕਾਂ ਮਨੁੱਖ ਕਈ ਤਰ੍ਹਾਂ ਦੇ ਉੱਦਮ ਕਰ ਰਹੇ ਹਨ, ਛੇ ਸ਼ਾਸਤ੍ਰ ਵਿਚਾਰ ਰਹੇ ਹਨ;
59178	1389	ਭਸਮ ਲਗਾਇ ਤੀਰਥ ਬਹੁ ਭ੍ਰਮਤੇ ਸੂਖਮ ਦੇਹ ਬੰਧਹਿ ਬਹੁ ਜਟੂਆ॥	ਜਟੂਆ: ਪੋਲਾ ਬੋਲੋ	Bhasam Lagaae Theerathh Bahu Bhramathae Sookham Dhaeh Bandhhehi Bahu Jattooaa ||	Rubbing ashes all over their bodies, they wander around at the various sacred shrines of pilgrimage; they fast until their bodies are emaciated, and braid their hair into tangled messes.	(ਪਿੰਡੇ ਤੇ) ਸੁਆਹ ਮਲ ਕੇ ਬਹੁਤੇ ਮਨੁੱਖ ਤੀਰਥਾਂ ਤੇ ਭੌਂਦੇ ਫਿਰਦੇ ਹਨ, ਅਤੇ ਕਈ ਬੰਦੇ ਸਰੀਰ ਨੂੰ (ਤਪਾਂ ਨਾਲ) ਕਮਜ਼ੋਰ ਕਰ ਚੁਕੇ ਹਨ ਤੇ (ਸੀਸ ਉਤੇ) ਜਟਾਂ ਧਾਰ ਰਹੇ ਹਨ।

59179	1389	ਬਿਨੁ ਹਰਿ ਭਜਨ ਸਗਲ ਦੁਖ ਪਾਵਤ ਜਿਉ ਪ੍ਰੇਮ ਬਢਾਇ ਸੂਤ ਕੇ ਹਟੂਆ॥	(ਹਟੂਆ) ਬਾਣੀਆਂ ਸੂਤ ਦੇ (ਹਟੂਆ) ਲੱਡੂਆਂ	Bin Har Bhajan Sagal Dhukh Paavath Jio Praem Badtaae Sooth Kae Hattooaa ||	Without devotional worship of the Lord, they all suffer in pain, caught in the tangled web of their love.	ਹਰੀ ਦਾ ਨਾਮ ਲੈਣ ਤੋਂ ਬਿਨਾ, ਇਹ ਸਾਰੇ ਲੋਕ ਦੁੱਖ ਪਾਂਦੇ ਹਨ (ਇਹ ਸਾਰੇ ਅਡੰਬਰ ਉਹਨਾਂ ਲਈ ਫਸਣ ਵਾਸਤੇ ਜਾਲ ਬਣ ਜਾਂਦੇ ਹਨ) ਜਿਵੇਂ (ਕਹਣਾ) ਬੜੇ ਮਜ਼ੇ ਨਾਲ ਤਾਰਾਂ ਦਾ ਜਾਲ ਤਣਦਾ ਹੈ (ਤੇ ਆਪ ਹੀ ਉਸ ਵਿਚ ਫਸ ਕੇ ਆਪਣੇ ਬੱਚਿਆਂ ਦੇ ਹੱਥੋਂ ਮਾਰਿਆ ਜਾਂਦਾ ਹੈ)
59180	1389	ਪੂਜਾ ਚਕ੍ਰ ਕਰਤ ਸੋਮਪਾਕਾ ਅਨਿਕ ਭਾਂਤਿ ਥਾਟਹਿ ਕਰਿ ਥਟੂਆ॥੨॥੧੧॥੨੦॥		Poojaa Chakr Karath Somapaakaa Anik Bhaanth Thhaattehi Kar Thhattooaa ||2||11||20||	They perform worship ceremonies, draw ritual marks on their bodies, cook their own food fanatically, and make pompous shows of themselves in all sorts of ways. ||2||11||20||	ਕਈ ਮਨੁੱਖ ਪੂਜਾ ਕਰਦੇ ਹਨ; ਸਰੀਰ ਤੇ ਚੱਕ੍ਰਾਂ ਦੇ ਚਿੰਨ੍ਹ ਲਗਾਉਂਦੇ ਹਨ, (ਸੁੱਚ ਦੀ ਖ਼ਾਤਰ) ਆਪਣੀ ਹੱਥੀਂ ਰੋਟੀ ਤਿਆਰ ਕਰਦੇ ਹਨ, ਤੇ ਹੋਰ ਅਨੇਕਾਂ ਤਰ੍ਹਾਂ ਦੇ ਕਈ ਬਣਤਰ ਬਣਾਉਂਦੇ ਹਨ ਪਰ (ਪਰ ਨਾਮ-ਸਿਮਰਨ ਤੋਂ ਬਿਨਾਂ ਇਹ ਵੀ ਵਿਅਰਥ ਹੀ ਹਨ) ॥੨॥੧੧॥੨੦॥
59181	1389	ਸਵਈਏ ਮਹਲੇ ਪਹਿਲੇ ਕੇ ੧	੧ ਅੰਕ ਨ ਪੜ੍ਹੋ	Saveeeae Mehalae Pehilae Kae 1	Swaiyas In Praise Of The First Mehl:	ਗੁਰੂ ਨਾਨਕ ਸਾਹਿਬ ਦੀ ਉਸਤਤਿ ਵਿਚ ਉਚਾਰੇ ਹੋਏ ਸਵਈਏ।
59182	1389	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

59183	1389	ਇਕ ਮਨਿ ਪੁਰਖੁ ਧਿਆਇ ਬਰਦਾਤਾ॥		Eik Man Purakh Dhhiaae Baradhaathaa ||	Meditate single-mindedly on the Primal Lord God, the Bestower of blessings.	ਉਸ ਆਕਲ ਪੁਰਖ ਨੂੰ ਇਕਾਗਰ ਮਨ ਨਾਲ ਸਿਮਰ ਕੇ, ਜੋ ਬਖ਼ਸ਼ਿਸ਼ਾਂ ਕਰਨ ਵਾਲਾ ਹੈ,
59184	1389	ਸੰਤ ਸਹਾਰੁ ਸਦਾ ਬਿਖਿਆਤਾ॥		Santh Sehaar Sadhaa Bikhiaathaa ||	He is the Helper and Support of the Saints, manifest forever.	ਜੋ ਸੰਤਾਂ ਦਾ ਆਸਰਾ ਹੈ ਅਤੇ ਜੋ ਸਦਾ ਹਾਜ਼ਰ-ਨਾਜ਼ਰ ਹੈ,
59185	1389	ਤਾਸੁ ਚਰਨ ਲੇ ਰਿਦੈ ਬਸਾਵਉ॥		Thaas Charan Lae Ridhai Basaavo ||	Grasp His Feet and enshrine them in your heart.	ਮੈਂ ਉਸ ਦੇ ਚਰਨ ਆਪਣੇ ਹਿਰਦੇ ਵਿਚ ਟਿਕਾਉਂਦਾ ਹਾਂ,
59186	1389	ਤਉ ਪਰਮ ਗੁਰੂ ਨਾਨਕ ਗੁਨ ਗਾਵਉ॥੧॥		Tho Param Guroo Naanak Gun Gaavo ||1||	Then, let us sing the Glorious Praises of the most exalted Guru Nanak. ||1||	ਅਤੇ (ਇਹਨਾਂ ਦੀ ਬਰਕਤਿ ਨਾਲ) ਪਰਮ ਸਤਿਗੁਰੂ ਨਾਨਕ ਦੇਵ ਜੀ ਦੇ ਗੁਣਾਂ ਨੂੰ ਗਾਉਂਦਾ ਹਾਂ ॥੧॥
59187	1389	ਗਾਵਉ ਗੁਨ ਪਰਮ ਗੁਰੂ ਸੁਖਸਾਗਰ ਦੁਰਤ ਨਿਵਾਰਣ ਸਬਦ ਸਰੇ॥		Gaavo Gun Param Guroo Sukh Saagar Dhurath Nivaaran Sabadh Sarae ||	I sing the Glorious Praises of the most exalted Guru Nanak, the Ocean of peace, the Eradicator of sins, the sacred pool of the Shabad, the Word of God.	ਮੈਂ ਉਸ ਪਰਮ ਗੁਰੂ ਨਾਨਕ ਦੇਵ ਜੀ ਦੇ ਗੁਣ ਗਾਉਂਦਾ ਹਾਂ, ਜੋ ਪਾਪਾਂ ਦੇ ਦੂਰ ਕਰਨ ਵਾਲਾ ਹੈ ਅਤੇ ਜੋ ਬਾਣੀ ਦਾ ਸੋਮਾ ਹੈ।

59188	1389	ਗਾਵਹਿ ਗੰਭੀਰ ਧੀਰ ਮਤਿ ਸਾਗਰ ਜੋਗੀ ਜੰਗਮ ਧਿਆਨੁ ਧਰੇ॥		Gaavehi Ganbheer Dhheer Math Saagar Jogee Jangam Dhhiaan Dharae ||	The beings of deep and profound understanding, oceans of wisdom, sing of Him; the Yogis and wandering hermits meditate on Him.	(ਗੁਰੂ ਨਾਨਕ ਨੂੰ) ਜੋਗੀ, ਜੰਗਮ ਧਿਆਨ ਧਰ ਕੇ ਗਾਉਂਦੇ ਹਨ, ਅਤੇ ਉਹ ਲੋਕ ਗਾਉਂਦੇ ਹਨ ਜੋ ਗੰਭੀਰ ਹਨ, ਜੋ ਧੀਰਜਵਾਨ ਹਨ ਅਤੇ ਜੋ ਉੱਚੀ ਮਤ ਵਾਲੇ ਹਨ।
59189	1389	ਗਾਵਹਿ ਇੰਦ੍ਰਾਦ ਭਗਤ ਪ੍ਰਹਿਲਾਦਿਕ ਆਤਮ ਰਸੁ ਜਿਨਿ ਜਾਣਿਓ॥		Gaavehi Eindhraadh Bhagath Prehilaadhik Aatham Ras Jin Jaaniou ||	Indra and devotees like Prahlaad, who know the joy of the soul, sing of Him.	ਜਿਸ ਗੁਰੂ ਨਾਨਕ ਨੇ ਆਤਮਕ ਆਨੰਦ ਜਾਣਿਆ ਹੈ, ਉਸ ਨੂੰ ਇੰਦਰ ਆਦਿਕ ਤੇ ਪ੍ਰਹਿਲਾਦ ਆਦਿਕ ਭਗਤ ਗਾਉਂਦੇ ਹਨ।
59190	1389	ਕਬਿ ਕਲ ਸੁਜਸੁ ਗਾਵਉ ਗੁਰ ਨਾਨਕ ਰਾਜੁ ਜੋਗੁ ਜਿਨਿ ਮਾਣਿਓ॥੨॥	ਗੁਰਮੁਖਿ ਭੱਟ ਕਲ। ਸੁ-ਜਸੁ	Kab Kal Sujas Gaavo Gur Naanak Raaj Jog Jin Maaniou ||2||	KAL the poet sings the Sublime Praises of Guru Nanak, who enjoys mastery of Raja Yoga, the Yoga of meditation and success. ||2||	'ਕਲਜਜ' ਕਵੀ (ਆਖਦਾ ਹੈ),- ਮੈਂ ਉਸ ਗੁਰੂ ਨਾਨਕ ਦੇਵ ਜੀ ਦੇ ਸੋਹਣੇ ਗੁਣ ਗਾਉਂਦਾ ਹਾਂ ਜਿਸ ਨੇ ਰਾਜ ਤੇ ਜੋਗ ਮਾਣਿਆ ਹੈ (ਭਾਵ, ਜੋ ਗ੍ਰਿਹਸਤੀ ਭੀ ਹੈ ਤੇ ਨਾਲ ਹੀ ਮਾਇਆ ਤੋਂ ਉਪਰਾਮ ਹੋ ਕੇ ਹਰੀ ਦੇ ਨਾਲ ਜੁੜਿਆ ਹੋਇਆ ਹੈ) ॥੨॥

59191	1389	ਗਾਵਹਿ ਜਨਕਾਦਿ ਜੁਗਤਿ ਜੋਗੇਸੁਰ ਹਰਿ ਰਸ ਪੂਰਨ ਸਰਬ ਕਲਾ॥		Gaavehi Janakaadh Jugath Jogaesur Har Ras Pooran Sarab Kalaa ||	King Janak and the great Yogic heroes of the Lord's Way, sing the Praises of the All-powerful Primal Being, filled with the sublime essence of the Lord.	ਜੋ ਗੁਰੂ ਨਾਨਕ ਹਰੀ ਦੇ ਰਸ ਵਿਚ ਭਿੱਜਾ ਹੋਇਆ ਹੈ, ਜੋ ਗੁਰੂ ਨਾਨਕ ਹਰ ਪ੍ਰਕਾਰ ਦੀ ਸੱਤਿਆ ਵਾਲਾ ਹੈ, ਉਸ ਨੂੰ ਜਨਕ ਆਦਿਕ ਵੱਡੇ ਵੱਡੇ ਜੋਗੀਆਂ ਸਮੇਤ ਗਾਉਂਦੇ ਹਨ।
59192	1389	ਗਾਵਹਿ ਸਨਕਾਦਿ ਸਾਧ ਸਿਧਾਦਿਕ ਮੁਨਿ ਜਨ ਗਾਵਹਿ ਅਛਲ ਛਲਾ॥	ਅ-ਛਲ ਛਲਾ: ਪੋਲੇ ਬੋਲੋ	Gaavehi Sanakaadh Saadhh Sidhhaadhik Mun Jan Gaavehi Ashhal Shhalaa ||	Sanak and Brahma's sons, the Saadhus and Siddhas, the silent sages and humble servants of the Lord sing the Praises of Guru Nanak, who cannot be deceived by the great deceiver.	ਜਿਸ ਗੁਰੂ ਨਾਨਕ ਨੂੰ ਮਾਇਆ ਨਹੀਂ ਛਲ ਸਕੀ, ਉਸ ਨੂੰ ਰਿਸ਼ੀ ਗਾਉਂਦੇ ਹਨ, ਸਨਕ ਆਦਿਕ ਸਾਧ ਤੇ ਸਿੱਧ ਆਦਿਕ ਗਾਉਂਦੇ ਹਨ।
59193	1389	ਗਾਵੈ ਗੁਣ ਧੋਮੁ ਅਟਲ ਮੰਡਲਵੈ ਭਗਤਿ ਭਾਇ ਰਸੁ ਜਾਣਿਓ॥	(ਧੋਮੁ) ਧਰੂਅ। ਅ-ਟਲ	Gaavai Gun Dhhom Attal Manddalavai Bhagath Bhaae Ras Jaaniou ||	Dhoma the seer and Dhroo, whose realm is unmoving, sing the Glorious Praises of Guru Nanak, who knows the ecstasy of loving devotional worship.	ਜਿਸ ਗੁਰੂ ਨਾਨਕ ਨੇ ਭਗਤੀ ਵਾਲੇ ਭਾਵ ਦੁਆਰਾ (ਹਰੀ ਦੇ ਮਿਲਾਪ ਦਾ) ਆਨੰਦ ਜਾਣਿਆ ਹੈ, ਉਸ ਦੇ ਗੁਣਾਂ ਨੂੰ ਧੋਮੁ ਰਿਸ਼ੀ ਗਾਂਦਾ ਹੈ, ਧ੍ਰੂ ਭਗਤ ਗਾਂਦਾ ਹੈ।

59194	1389	ਕਬਿ ਕਲ ਸੁਜਸੁ ਗਾਵਉ ਗੁਰ ਨਾਨਕ ਰਾਜੁ ਜੋਗੁ ਜਿਨਿ ਮਾਣਿਓ॥੩॥	ਗੁਰਮੁਖਿ ਭੱਟ ਕਲ। ਸੁ-ਜਸੁ	Kab Kal Sujas Gaavo Gur Naanak Raaj Jog Jin Maaniou ||3||	KAL the poet sings the Sublime Praises of Guru Nanak, who enjoys mastery of Raja Yoga. ||3||	ਕਲਜਜ ਕਵੀ (ਆਖਦਾ ਹੈ)-'ਮੈਂ ਉਸ ਗੁਰੂ ਨਾਨਕ ਦੇ ਸੋਹਣੇ ਗੁਣ ਗਾਉਂਦਾ ਹਾਂ ਜਿਸ ਨੇ ਰਾਜ ਤੇ ਜੋਗ ਮਾਣਿਆ ਹੈ' ॥੩॥
59195	1389	ਗਾਵਹਿ ਕਪਿਲਾਦਿ ਆਦਿ ਜੋਗੇਸੁਰ ਅਪਰੰਪਰ ਅਵਤਾਰ ਵਰੋ॥	ਵਿਸ਼ਨੂੰ ਦੇ ਅਵਤਾਰ ਅਨੇਕਾਂ (ਕਪਿਲਾਦਿ) ਕਪਲ ਸਿੱਧ ਆਦਿ।ਅਪ-ਰੰਪਰ	Gaavehi Kapilaadh Aadh Jogaesur Aparanpar Avathaar Varo ||	Kapila and the other Yogis sing of Guru Nanak. He is the Avataar, the Incarnation of the Infinite Lord.	ਕਪਿਲ ਆਦਿਕ ਰਿਸ਼ੀ ਅਤੇ ਪੁਰਾਤਨ ਵੱਡੇ ਵੱਡੇ ਜੋਗੀ ਜਨ ਪਰਮਾਤਮਾ ਦੇ ਸ਼ਿਰੋਮਣੀ ਅਵਤਾਰ ਗੁਰੂ ਨਾਨਕ ਨੂੰ ਗਾਉਂਦੇ ਹਨ।
59196	1389	ਗਾਵੈ ਜਮਦਗਨਿ ਪਰਸਰਾਮੇਸੁਰ ਕਰ ਕੁਠਾਰੁ ਰਘੁ ਤੇਜੁ ਹਰਿਓ॥	ਕੁਹਾੜਾ ਧਾਰੀ (ਪਰਸ-ਰਾਮੇਸੁਰ) ਪਰਸਰਾਮ	Gaavai Jamadhagan Parasaraamaesur Kar Kuthaar Ragh Thaej Hariou ||	Parasraam the son of Jamdagan, whose axe and powers were taken away by Raghuvira, sing of Him.	(ਗੁਰੂ ਨਾਨਕ ਦੇ ਜਸ ਨੂੰ) ਜਮਦਗਨਿ ਦਾ ਪੁੱਤਰ ਪਰਸਰਾਮ ਭੀ ਗਾ ਰਿਹਾ ਹੈ, ਜਿਸ ਦੇ ਹੱਥ ਦਾ ਕੁਹਾੜਾ ਤੇ ਜਿਸ ਦਾ ਪ੍ਰਤਾਪ ਸ੍ਰੀ ਰਾਮ ਚੰਦਰ ਜੀ ਨੇ ਖੋਹ ਲਿਆ ਸੀ।
59197	1389	ਉਧੌ ਅਕ੍ਰੂਰੁ ਬਿਦਰੁ ਗੁਣ ਗਾਵੈ ਸਰਬਾਤਮੁ ਜਿਨਿ ਜਾਣਿਓ॥		Oudhha Akroor Bidhar Gun Gaavai Sarabaatham Jin Jaaniou ||	Udho, Akrur and Bidur sing the Glorious Praises of Guru Nanak, who knows the Lord, the Soul of All.	ਜਿਸ ਗੁਰੂ ਨਾਨਕ ਨੇ ਸਰਬ-ਵਿਆਪਕ ਹਰੀ ਨੂੰ ਜਾਣ ਲਿਆ (ਡੂੰਘੀ ਸਾਂਝ ਪਾਈ ਹੋਈ ਸੀ), ਉਸ ਦੇ ਗੁਣ ਉਧੌ ਗਾਂਦਾ ਹੈ, ਅਕ੍ਰੂਰ ਗਾਂਦਾ ਹੈ, ਬਿਦਰ ਭਗਤ ਗਾਂਦਾ ਹੈ।

59198	1389	ਕਬਿ ਕਲ ਸੁਜਸੁ ਗਾਵਉ ਗੁਰ ਨਾਨਕ ਰਾਜੁ ਜੋਗੁ ਜਿਨਿ ਮਾਣਿਓ॥੪॥	ਸੁ-ਜਸੁ	Kab Kal Sujas Gaavo Gur Naanak Raaj Jog Jin Maaniou ||4||	KAL the poet sings the Sublime Praises of Guru Nanak, who enjoys mastery of Raja Yoga. ||4||	ਕਲਜਜ ਕਵੀ (ਆਖਦਾ ਹੈ)-'ਮੈਂ ਉਸ ਗੁਰੂ ਨਾਨਕ ਦਾ ਸੋਹਣਾ ਜਸ ਗਾਉਂਦਾ ਹਾਂ, ਜਿਸ ਨੇ ਰਾਜ ਤੇ ਜੋਗ ਦੋਵੇਂ ਮਾਣੇ ਹਨ' ॥੪॥
59199	1390	ਗਾਵਹਿ ਗੁਣ ਬਰਨ ਚਾਰਿ ਖਟ ਦਰਸਨ ਬ੍ਰਹਮਾਦਿਕ ਸਿਮਰੰਥਿ ਗੁਨਾ॥	(ਚਾਰਿ) ਬ੍ਰਹਮਣ, ਖੱਤ੍ਰੀ, ਵੈਸ਼, ਸ਼ੂਦ੍ਰ। (ਖਟ) ਛੇ ਦਰਸਨ ਭੇਖ ਜੋਗੀ, ਜੰਗਮ, ਸ੍ਰੇਵੜੇ, ਸੰਨਿਆਸੀ, ਵੈਰਾਗੀ ਅਤੇ ਮਦਾਰੀ।	Gaavehi Gun Baran Chaar Khatt Dharasan Brehamaadhik Simaranthh Gunaa ||	The four castes and the six Shaastras sing His Glorious Praises; Brahma and the others contemplate His Virtues.	ਚਾਰੇ ਵਰਣ, ਛੇ ਭੇਖ, ਗੁਰੂ ਨਾਨਕ ਦੇ ਗੁਣ ਗਾ ਰਹੇ ਹਨ, ਬ੍ਰਹਮਾ ਆਦਿਕ ਭੀ ਉਸ ਦੇ ਗੁਣ ਯਾਦ ਕਰ ਰਹੇ ਹਨ।
59200	1390	ਗਾਵੈ ਗੁਣ ਸੇਸੁ ਸਹਸ ਜਿਹਬਾ ਰਸ ਆਦਿ ਅੰਤਿ ਲਿਵ ਲਾਗਿ ਧੁਨਾ॥		Gaavai Gun Saes Sehas Jihabaa Ras Aadh Anth Liv Laag Dhhunaa ||	The thousand-tongued serpent king sings His Praises with delight, remaining lovingly attached to Him.	ਸ਼ੇਸ਼ਨਾਗ ਹਜ਼ਾਰਾਂ ਜੀਭਾਂ ਦੁਆਰਾ ਪ੍ਰੇਮ ਨਾਲ ਇਕ-ਰਸ ਲਿਵ ਦੀ ਧੁਨੀ ਲਗਾ ਕੇ ਗੁਰੂ ਨਾਨਕ ਦੇ ਗੁਣ ਗਾਉਂਦਾ ਹੈ।
59201	1390	ਗਾਵੈ ਗੁਣ ਮਹਾਦੇਉ ਬੈਰਾਗੀ ਜਿਨਿ ਧਿਆਨ ਨਿਰੰਤਰਿ ਜਾਣਿਓ॥		Gaavai Gun Mehaadhaeo Bairaagee Jin Dhhiaan Niranthar Jaaniou ||	Shiva, detached and beyond desire, sings the Glorious Praises of Guru Nanak, who knows the Lord's endless meditation.	ਜਿਸ ਗੁਰੂ ਨਾਨਕ ਨੇ ਇਕ-ਰਸ ਬਿਰਤੀ ਜੋੜ ਕੇ ਅਕਾਲ ਪੁਰਖ ਨੂੰ ਪਛਾਣਿਆ ਹੈ (ਸਾਂਝ ਪਾਈ ਹੈ,) ਉਸ ਦੇ ਗੁਣ ਵੈਰਾਗਵਾਨ ਸ਼ਿਵ ਜੀ (ਭੀ) ਗਾਂਦਾ ਹੈ।

59202	1390	ਕਬਿ ਕਲ ਸੁਜਸੁ ਗਾਵਉ ਗੁਰ ਨਾਨਕ ਰਾਜੁ ਜੋਗੁ ਜਿਨਿ ਮਾਣਿਓ॥੫॥	ਗੁਰਮੁਖਿ ਭੱਟ ਕਲ। ਸੁ-ਜਸੁ	Kab Kal Sujas Gaavo Gur Naanak Raaj Jog Jin Maaniou ||5||	KAL the poet sings the Sublime Praises of Guru Nanak, who enjoys mastery of Raja Yoga. ||5||	ਕਲਜਜ ਕਵੀ (ਆਖਦਾ ਹੈ)-'ਮੈਂ ਉਸ ਗੁਰੂ ਨਾਨਕ ਦੇ ਗੁਣ ਗਾਂਦਾ ਹਾਂ, ਜਿਸ ਨੇ ਰਾਜ ਤੇ ਜੋਗ ਦੋਵੇਂ ਮਾਣੇ ਹਨ' ॥੫॥
59203	1390	ਰਾਜੁ ਜੋਗੁ ਮਾਣਿਓ ਬਸਿਓ ਨਿਰਵੈਰੁ ਰਿਦੰਤਰਿ॥		Raaj Jog Maaniou Basiou Niravair Ridhanthar ||	He mastered Raja Yoga, and enjoys sovereignty over both worlds; the Lord, beyond hate and revenge, is enshrined within His Heart.	(ਗੁਰੂ ਨਾਨਕ ਦੇਵ ਜੀ ਨੇ) ਰਾਜ ਭੀ ਮਾਣਿਆ ਹੈ ਤੇ ਜੋਗ ਭੀ; ਨਿਰਵੈਰ ਅਕਾਲ ਪੁਰਖ (ਉਹਨਾਂ ਦੇ) ਹਿਰਦੇ ਵਿਚ ਵੱਸ ਰਿਹਾ ਹੈ।
59204	1390	ਸ੍ਰਿਸਟਿ ਸਗਲ ਉਧਰੀ ਨਾਮਿ ਲੇ ਤਰਿਓ ਨਿਰੰਤਰਿ॥		Srisatt Sagal Oudhharee Naam Lae Thariou Niranthar ||	The whole world is saved, and carried across, chanting the Naam, the Name of the Lord.	(ਗੁਰੂ ਨਾਨਕ ਦੇਵ) ਆਪ ਇਕ-ਰਸ ਨਾਮ ਜਪ ਕੇ ਤਰ ਗਿਆ ਹੈ, ਤੇ (ਉਸ ਨੇ) ਸਾਰੀ ਸ੍ਰਿਸ਼ਟੀ ਨੂੰ ਭੀ ਨਾਮ ਦੀ ਬਰਕਤਿ ਨਾਲ ਤਾਰ ਦਿੱਤਾ ਹੈ।
59205	1390	ਗੁਣ ਗਾਵਹਿ ਸਨਕਾਦਿ ਆਦਿ ਜਨਕਾਦਿ ਜੁਗਹ ਲਗਿ॥	ਜੁੱਗਹ ਲੱਗਿ	Gun Gaavehi Sanakaadh Aadh Janakaadh Jugeh Lag ||	Sanak and Janak and the others sing His Praises, age after age.	ਸਨਕ ਆਦਿ ਬ੍ਰਹਮਾ ਦੇ ਚਾਰੇ ਪੁੱਤ੍ਰ, ਜਨਕ ਆਦਿਕ ਪੁਰਾਤਨ ਰਿਸ਼ੀ ਕਈ ਜੁੱਗਾਂ ਤੋਂ (ਗੁਰੂ ਨਾਨਕ ਦੇਵ ਜੀ ਦੇ) ਗੁਣ ਗਾ ਰਹੇ ਹਨ।

59206	1390	ਧੰਨਿ ਧੰਨਿ ਗੁਰੁ ਧੰਨਿ ਜਨਮੁ ਸਕਯਥੁ ਭਲੌ ਜਗਿ॥	ਸਕ-ਯੱਥੁ: ਯ ਸਵਾਰ ਕੇਤਾਲੂ ਤੋਂ ਬੋਲੋ,ਸਕ: ਪੋਲਾ ਬੋਲੋ	Dhhann Dhhann Gur Dhhann Janam Sakayathh Bhala Jag ||	Blessed, blessed, blessed and fruitful is the sublime birth of the Guru into the world.	ਧੰਨ ਹੈ ਗੁਰੂ (ਨਾਨਕ)! ਧੰਨ ਹੈ ਗੁਰੂ (ਨਾਨਕ)! ਜਗਤ ਵਿਚ (ਉਸ ਦਾ) ਜਨਮ ਲੈਣਾ ਸਕਾਰਥਾ ਤੇ ਭਲਾ ਹੋਇਆ ਹੈ।
59207	1390	ਪਾਤਾਲ ਪੁਰੀ ਜੈਕਾਰ ਧੁਨਿ ਕਬਿ ਜਨ ਕਲ ਵਖਾਣਿਓ॥	ਗੁਰਮੁਖਿ ਭੱਟ ਕਲ	Paathaal Puree Jaikaar Dhhun Kab Jan Kal Vakhaaniou ||	Even in the nether regions, His Victory is celebrated; so says KAL the poet.	ਦਾਸ ਕਲਜਜ ਕਵੀ ਬੇਨਤੀ ਕਰਦਾ ਹੈ- (ਹੇ ਗੁਰੂ ਨਾਨਕ!) ਪਾਤਾਲ ਲੋਕ ਤੋਂ ਭੀ ਤੇਰੀ ਜੈ ਜੈਕਾਰ ਦੀ ਆਵਾਜ਼ (ਉਠ ਰਹੀ ਹੈ)।
59208	1390	ਹਰਿ ਨਾਮ ਰਸਿਕ ਨਾਨਕ ਗੁਰ ਰਾਜੁ ਜੋਗੁ ਤੈ ਮਾਣਿਓ॥੬॥		Har Naam Rasik Naanak Gur Raaj Jog Thai Maaniou ||6||	You are blessed with the Nectar of the Lord's Name, O Guru Nanak; You have mastered Raja Yoga, and enjoy sovereignty over both worlds. ||6||	ਹਰੀ ਦੇ ਨਾਮ ਦੇ ਰਸੀਏ ਹੇ ਗੁਰੂ ਨਾਨਕ! ਤੂੰ ਰਾਜ ਤੇ ਜੋਗ ਦੋਵੇਂ ਹੀ ਮਾਣੇ ਹਨ ॥੬॥
59209	1390	ਸਤਜੁਗਿ ਤੈ ਮਾਣਿਓ ਛਲਿਓ ਬਲਿ ਬਾਵਨ ਭਾਇਓ॥		Sathajug Thai Maaniou Shhaliou Bal Baavan Bhaaeiou ||	In the Golden Age of Sat Yuga, You were pleased to deceive Baal the king, in the form of a dwarf.	(ਹੇ ਗੁਰੂ ਨਾਨਕ!) ਸਤਜੁਗ ਵਿਚ (ਭੀ) ਤੂੰ ਹੀ (ਰਾਜ ਤੇ ਜੋਗ) ਮਾਣਿਆ ਸੀ, ਤੂੰ ਹੀ ਰਾਜਾ ਬਲਿ ਨੂੰ ਛਲਿਆ ਸੀ ਤੇ ਤਦੋਂ ਵਾਮਨ ਅਵਤਾਰ ਬਣਨਾ ਤੈਨੂੰ ਚੰਗਾ ਲੱਗਾ ਸੀ।

59210	1390	ਤ੍ਰੈਤੈ ਤੈ ਮਾਨਿਓ ਰਾਮੁ ਰਘੁਵੰਸੁ ਕਹਾਇਓ॥		Thraethai Thai Maaniou Raam Raghuvans Kehaaeiou ||	In the Silver Age of Traytaa Yuga, You were called Raam of the Raghu dynasty.	ਤ੍ਰੇਤੇ ਵਿਚ ਭੀ ਤੂੰ ਹੀ (ਰਾਜ ਤੇ ਜੋਗ) ਮਾਣਿਆ ਸੀ, ਤਦੋਂ ਤੂੰ ਆਪਣੇ ਆਪ ਨੂੰ ਰਘੁਵੰਸੀ ਰਾਮ ਅਖਵਾਇਆ ਸੀ (ਭਾਵ, ਹੇ ਗੁਰੂ ਨਾਨਕ! ਮੇਰੇ ਵਾਸਤੇ ਤਾਂ ਤੂੰ ਹੀ ਹੈਂ ਵਾਮਨ ਅਵਤਾਰ, ਤੂੰ ਹੀ ਹੈਂ ਰਘੁਵੰਸੀ ਰਾਮ)।
59211	1390	ਦੁਆਪੁਰਿ ਕ੍ਰਿਸਨ ਮੁਰਾਰਿ ਕੰਸੁ ਕਿਰਤਾਰਥੁ ਕੀਓ॥	(ਕਿਰਤਾਰਥੁ) ਕਲਿਆਣ ਕੀਤੀ	Dhuaapur Kirasan Muraar Kans Kirathaarathh Keeou ||	In the Brass Age of Dwaapur Yuga, You were Krishna; You killed Mur the demon and saved Kans.	(ਹੇ ਗੁਰੂ ਨਾਨਕ!) ਦੁਆਪੁਰ ਜੁਗ ਵਿਚ ਕ੍ਰਿਸ਼ਨ ਮੁਰਾਰ ਭੀ (ਤੂੰ ਹੀ ਸੈਂ), ਤੂੰ ਹੀ ਕੰਸ ਨੂੰ (ਮਾਰ ਕੇ) ਮੁਕਤ ਕੀਤਾ ਸੀ।
59212	1390	ਉਗ੍ਰਸੈਣ ਕਉ ਰਾਜੁ ਅਭੈ ਭਗਤਹ ਜਨ ਦੀਓ॥	ਉੱਗ੍ਰਸੈਣ, ਅ-ਭੈ: ਪੋਲਾ ਬੋਲੋ	Ougrasain Ko Raaj Abhai Bhagatheh Jan Dheeou ||	You blessed Ugrasain with a kingdom, and You blessed Your humble devotees with fearlessness.	(ਤੂੰ ਹੀ) ਉਗ੍ਰਸੈਣ ਨੂੰ (ਮਥੁਰਾ ਦਾ) ਰਾਜ ਅਤੇ ਆਪਣੇ ਭਗਤ ਜਨਾਂ ਨੂੰ ਨਿਰਭੈਤਾ ਬਖ਼ਸ਼ੀ ਸੀ (ਭਾਵ, ਹੇ ਗੁਰੂ ਨਾਨਕ! ਮੇਰੇ ਵਾਸਤੇ ਤਾਂ ਤੂੰ ਹੀ ਹੈਂ ਸ੍ਰੀ ਕ੍ਰਿਸ਼ਨ)।
59213	1390	ਕਲਿਜੁਗਿ ਪ੍ਰਮਾਣੁ ਨਾਨਕ ਗੁਰੁ ਅੰਗਦੁ ਅਮਰੁ ਕਹਾਇਓ॥		Kalijug Pramaan Naanak Gur Angadh Amar Kehaaeiou ||	In the Iron Age, the Dark Age of Kali Yuga, You are known and accepted as Guru Nanak, Guru Angad and Guru Amar Das.	ਹੇ ਗੁਰੂ ਨਾਨਕ! ਕਲਜੁਗ ਵਿਚ (ਭੀ ਤੂੰ ਹੀ) ਸਮਰਥਾ ਵਾਲਾ ਹੈਂ, (ਤੂੰ ਹੀ ਆਪਣੇ ਆਪ ਨੂੰ) ਗੁਰੂ ਅੰਗਦ ਤੇ ਗੁਰੂ ਅਮਰਦਾਸ ਅਖਵਾਇਆ ਹੈ।

59214	1390	ਸ੍ਰੀ ਗੁਰੂ ਰਾਜੁ ਅਬਿਚਲੁ ਅਟਲੁ ਆਦਿ ਪੁਰਖਿ ਫੁਰਮਾਇਓ॥੭॥	ਅ-ਟਲੁ	Sree Guroo Raaj Abichal Attal Aadh Purakh Furamaaeiou ||7||	The sovereign rule of the Great Guru is unchanging and permanent, according the Command of the Primal Lord God. ||7||	(ਇਹ ਤਾਂ) ਅਕਾਲ ਪੁਰਖ ਨੇ (ਹੀ) ਹੁਕਮ ਦੇ ਰੱਖਿਆ ਹੈ ਕਿ ਸ੍ਰੀ ਗੁਰੂ (ਨਾਨਕ ਦੇਵ ਜੀ) ਦਾ ਰਾਜ ਸਦਾ-ਥਿਰ ਤੇ ਅਟੱਲ ਹੈ ॥੭॥
59215	1390	ਗੁਣ ਗਾਵੈ ਰਵਿਦਾਸੁ ਭਗਤੁ ਜੈਦੇਵ ਤ੍ਰਿਲੋਚਨ॥		Gun Gaavai Ravidhaas Bhagath Jaidhaev Thrilochan ||	His Glorious Praises are sung by the devotees Ravi Daas, Jai Dayv and Trilochan.	(ਉਸ ਗੁਰੂ ਨਾਨਕ ਦੇ) ਗੁਣ ਰਵਿਦਾਸ ਭਗਤ ਗਾ ਰਿਹਾ ਹੈ, ਜੈਦੇਵ ਤੇ ਤ੍ਰਿਲੋਚਨ ਗਾ ਰਹੇ ਹਨ,
59216	1390	ਨਾਮਾ ਭਗਤੁ ਕਬੀਰੁ ਸਦਾ ਗਾਵਹਿ ਸਮ ਲੋਚਨ॥		Naamaa Bhagath Kabeer Sadhaa Gaavehi Sam Lochan ||	The devotees Naam Dayv and Kabeer praise Him continually, knowing Him to be even-eyed.	ਭਗਤ ਨਾਮਦੇਵ ਤੇ ਕਬੀਰ ਗਾ ਰਹੇ ਹਨ; (ਜੋ) ਅਕਾਲ ਪੁਰਖ ਨੂੰ ਆਪਣੇ ਨੇਤ੍ਰਾਂ ਨਾਲ ਸਭ ਥਾਈਂ ਵੇਖ ਰਿਹਾ ਹੈ।
59217	1390	ਭਗਤੁ ਬੇਣਿ ਗੁਣ ਰਵੈ ਸਹਜਿ ਆਤਮ ਰੰਗੁ ਮਾਣੈ॥		Bhagath Baen Gun Ravai Sehaj Aatham Rang Maanai ||	The devotee Baynee sings His Praises; He intuitively enjoys the ecstasy of the soul.	(ਜੋ ਗੁਰੂ ਨਾਨਕ) ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦੇ ਮਿਲਾਪ ਦੇ ਸੁਆਦ ਨੂੰ ਮਾਣਦਾ ਹੈ,

59218	1390	ਜੋਗ ਧਿਆਨਿ ਗੁਰ ਗਿਆਨਿ ਬਿਨਾ ਪ੍ਰਭ ਅਵਰੁ ਨ ਜਾਨੈ॥		Jog Dhhiaan Gur Giaan Binaa Prabh Avar N Jaanai ||	He is the Master of Yoga and meditation, and the spiritual wisdom of the Guru; He knows none other except God.	(ਜੋ ਗੁਰੂ ਨਾਨਕ) ਗੁਰੂ ਦੇ ਗਿਆਨ ਦੀ ਬਰਕਤਿ ਨਾਲ ਅਕਾਲ ਪੁਰਖ ਵਿਚ ਸੁਰਤੀ ਜੋੜ ਕੇ ਉਸ ਤੋਂ ਬਿਨਾਂ ਕਿਸੇ ਹੋਰ ਨੂੰ ਨਹੀਂ ਜਾਣਦਾ, (ਉਸ ਦੇ) ਗੁਣਾਂ ਨੂੰ ਬੇਣੀ ਭਗਤ ਗਾ ਰਿਹਾ ਹੈ।
59219	1390	ਸੁਖਦੇਉ ਪਰੀਖ੍ਯਤੁ ਗੁਣ ਰਵੈ ਗੋਤਮ ਰਿਖਿ ਜਸੁ ਗਾਇਓ॥	ਪਰੀਖ੍ਯਤੁ: ਪਰੀਖਿਅਤੁ	Sukhadhaeo Pareekhyath Gun Ravai Gotham Rikh Jas Gaaeiou ||	Sukh Dayv and Preekhyat sing His Praises, and Gautam the rishi sings His Praise.	ਸੁਖਦੇਵ ਰਿਸ਼ੀ (ਗੁਰੂ ਨਾਨਕ ਦੇ ਗੁਣ) ਗਾ ਰਿਹਾ ਹੈ ਤੇ (ਰਾਜਾ) ਪਰੀਖਤ (ਭੀ ਗੁਰੂ ਨਾਨਕ ਦੇ) ਗੁਣਾਂ ਨੂੰ ਗਾ ਰਿਹਾ ਹੈ। ਗੋਤਮ ਰਿਸ਼ੀ ਨੇ (ਭੀ ਗੁਰੂ ਨਾਨਕ ਦਾ ਹੀ) ਜਸ ਗਾਂਵਿਆ ਹੈ।
59220	1390	ਕਬਿ ਕਲ ਸੁਜਸੁ ਨਾਨਕ ਗੁਰ ਨਿਤ ਨਵਤਨੁ ਜਗਿ ਛਾਇਓ॥੮॥	ਸੁ-ਜਸੁ	Kab Kal Sujas Naanak Gur Nith Navathan Jag Shhaaeiou ||8||	Says KAL the poet, the ever-fresh praises of Guru Nanak are spread throughout the world. ||8||	ਹੇ ਕਲਜਜ ਕਵੀ! ਗੁਰੂ ਨਾਨਕ (ਦੇਵ ਜੀ) ਦੀ ਸੋਹਣੀ ਸੋਭਾ ਨਿੱਤ ਨਵੀਂ ਹੈ ਤੇ ਜਗਤ ਵਿਚ ਆਪਣਾ ਪ੍ਰਭਾਵ ਪਾ ਰਹੀ ਹੈ ॥੮॥
59221	1390	ਗੁਣ ਗਾਵਹਿ ਪਾਯਾਲਿ ਭਗਤ ਨਾਗਾਦਿ ਭੁਯੰਗਮ॥	(ਪਾ-ਯਾ-ਲਿ) ਯਾ ਸਵਾਰ ਕੇ,ਤਾਲੂ ਤੋਂ ਬੋਲੋ। (ਪਾਯਾਲਿ) ਪਤਾਲ ਵਿੱਚ। ਭੁ-ਯੰਗਮ	Gun Gaavehi Paayaal Bhagath Naagaadh Bhuyangam ||	In the nether worlds, His Praises are sung by the devotees like Shaysh-naag in serpent form.	ਪਾਤਾਲ ਵਿਚ ਭੀ (ਸ਼ੇਸ਼-) ਨਾਗ ਆਦਿਕ ਹੋਰ ਸਰਪ-ਭਗਤ (ਗੁਰੂ ਨਾਨਕ ਦੇ) ਗੁਣ ਗਾ ਰਹੇ ਹਨ।
59222	1390	ਮਹਾਦੇਉ ਗੁਣ ਰਵੈ ਸਦਾ ਜੋਗੀ ਜਤਿ ਜੰਗਮ॥	ਜਤਿ: ਪੋਲਾ ਬੋਲੋ	Mehaadhaeo Gun Ravai Sadhaa Jogee Jath Jangam ||	Shiva, the Yogis and the wandering hermits sing His Praises forever.	???

59223	1390	ਗੁਣ ਗਾਵੈ ਮੁਨਿ ਬ੍ਯਾਸੁ ਜਿਨਿ ਬੇਦ ਬ੍ਯਾਕਰਣ ਬੀਚਾਰਿਅ॥	ਬ੍ਯਾਸੁ: ਬਿਆਸੁ। ਬ੍ਯਾਕਰਣ: ਬਿਆਕਰਣ। ਬੀ-ਚਾਰਿਅ: ਬੀਚਾਰੀਆ ਨਾ ਪੜ੍ਹੋ ਜੀ	Gun Gaavai Mun Byaas Jin Baedh Byaakaran Beechaaria ||	Vyaas the silent sage, who studied the Vedas and its grammar, sings His Praise.	ਜਿਸ (ਵਿਆਸ ਮੁਨੀ) ਨੇ ਸਾਰੇ ਵੇਦਾਂ ਨੂੰ ਵਿਆਕਰਣਾਂ ਦੁਆਰਾ ਵਿਚਾਰਿਆ ਹੈ, ਉਹ (ਗੁਰੂ ਨਾਨਕ ਦੇ) ਗੁਣ ਗਾ ਰਿਹਾ ਹੈ।
59224	1390	ਬ੍ਰਹਮਾ ਗੁਣ ਉਚਰੈ ਜਿਨਿ ਹੁਕਮਿ ਸਭ ਸ੍ਰਿਸਟਿ ਸਵਾਰੀਅ॥	ਸਵਾਰੀਅ: ਅ ਮੁਕਤਾ ਖਿਆਲ ਨਾਲ ਬੋਲੋ, ਸਵਾਰੀਆ ਨਾ ਪੜ੍ਹੋ ਜੀ	Brehamaa Gun Oucharai Jin Hukam Sabh Srisatt Savaareea ||	His Praises are sung by Brahma, who created the entire universe by God's Command.	ਜਿਸ (ਬ੍ਰਹਮਾ) ਨੇ ਅਕਾਲ ਪੁਰਖ ਦੇ ਹੁਕਮ ਵਿਚ ਸਾਰੀ ਸ੍ਰਿਸ਼ਟੀ ਰਚੀ ਹੈ, ਉਹ (ਗੁਰੂ ਨਾਨਕ ਦੇ) ਗੁਣ ਉਚਾਰ ਰਿਹਾ ਹੈ।
59225	1390	ਬ੍ਰਹਮੰਡ ਖੰਡ ਪੂਰਨ ਬ੍ਰਹਮੁ ਗੁਣ ਨਿਰਗੁਣ ਸਮ ਜਾਣਿਓ॥		Brehamandd Khandd Pooran Breham Gun Niragun Sam Jaaniou ||	God fills the galaxies and realms of the universe; He is known to be the same, manifest and unmanifest.	ਜਿਸ ਗੁਰੂ ਨਾਨਕ ਨੇ ਸਾਰੀ ਦੁਨੀਆ ਵਿਚ ਹਾਜ਼ਰ-ਨਾਜ਼ਰ ਅਕਾਲ ਪੁਰਖ ਨੂੰ ਸਰਗੁਣ ਤੇ ਨਿਰਗੁਣ ਰੂਪਾਂ ਵਿਚ ਇੱਕੋ ਜਿਹਾ ਪਛਾਣਿਆ ਹੈ,
59226	1390	ਜਪੁ ਕਲ ਸੁਜਸੁ ਨਾਨਕ ਗੁਰ ਸਹਜੁ ਜੋਗੁ ਜਿਨਿ ਮਾਣਿਓ॥੯॥		Jap Kal Sujas Naanak Gur Sehaj Jog Jin Maaniou ||9||	KAL chants the Sublime Praises of Guru Nanak, who enjoys mastery of Yoga. ||9||	ਜਿਸ ਗੁਰੂ ਨਾਨਕ ਨੇ ਅਡੋਲ ਅਵਸਥਾ ਨੂੰ ਤੇ ਅਕਾਲ ਪੁਰਖ ਦੇ ਮਿਲਾਪ ਨੂੰ ਮਾਣਿਆ ਹੈ, ਹੇ ਕਲਜਜ! ਉਸ ਗੁਰੂ ਨਾਨਕ ਦੇ ਸੋਹਣੇ ਗੁਣਾਂ ਨੂੰ ਯਾਦ ਕਰ ॥੯॥

59227	1390	ਗੁਣ ਗਾਵਹਿ ਨਵ ਨਾਥ ਧੰਨਿ ਗੁਰੁ ਸਾਚਿ ਸਮਾਇਓ॥		Gun Gaavehi Nav Naathh Dhann Gur Saach Samaaeiou ||	The nine masters of Yoga sing His Praises; blessed is the Guru, who is merged into the True Lord.	ਨੌ ਨਾਥ (ਭੀ) ਗੁਰੂ ਨਾਨਕ ਦੇ ਗੁਣ ਗਾਂਦੇ ਹਨ (ਤੇ ਆਖਦੇ ਹਨ), "ਗੁਰੂ ਨਾਨਕ ਧੰਨ ਹੈ ਜੋ ਸੱਚੇ ਹਰੀ ਵਿਚ ਜੁੜਿਆ ਹੋਇਆ ਹੈ।"
59228	1390	ਮਾਂਧਾਤਾ ਗੁਣ ਰਵੈ ਜੇਨ ਚਕ੍ਰਵੈ ਕਹਾਇਓ॥	(ਮਾਂਧਾਤਾ) ਮਾਨਧਾਤਾ	Maandhhaathaa Gun Ravai Jaen Chakravai Kehaaeiou ||	Maandhaataa, who called himself ruler of all the world, sings His Praises.	ਜਿਸ ਮਾਂਧਾਤਾ ਨੇ ਆਪਣੇ ਆਪ ਨੂੰ ਚੱਕ੍ਰਵਰਤੀ ਰਾਜਾ ਅਖਵਾਇਆ ਸੀ, ਉਹ ਭੀ ਗੁਰੂ ਨਾਨਕ ਦੇ ਗੁਣ ਉਚਾਰ ਰਿਹਾ ਹੈ।
59229	1390	ਗੁਣ ਗਾਵੈ ਬਲਿ ਰਾਉ ਸਪਤ ਪਾਤਾਲਿ ਬਸੰਤੌ॥	(ਬਲਿ ਰਾਉ) ਰਾਜੇ ਦਾ ਨਾਮ	Gun Gaavai Bal Raao Sapath Paathaal Basantha ||	Bal the king, dwelling in the seventh underworld, sings His Praises.	ਸਤਵੇਂ ਪਾਤਾਲ ਵਿਚ ਵੱਸਦਾ ਹੋਇਆ ਰਾਜਾ ਬਲਿ (ਗੁਰੂ ਨਾਨਕ ਦੇ) ਗੁਣ ਗਾ ਰਿਹਾ ਹੈ।
59230	1390	ਭਰਥਰਿ ਗੁਣ ਉਚਰੈ ਸਦਾ ਗੁਰ ਸੰਗਿ ਰਹੰਤੌ॥	ਗੁਰ ਅਕਾਲ ਚ ਲੀਣ (ਰਹੰਤੌ) ਰਹਿੰਦੇ ਹੋਏ। ਉੱਚਰੈ	Bharathhar Gun Oucharai Sadhaa Gur Sang Rehantha ||	Bhart'har, abiding forever with Gorakh, his guru, sings His Praises.	ਆਪਣੇ ਗੁਰੂ ਦੇ ਨਾਲ ਰਹਿੰਦਾ ਹੋਇਆ ਭਰਥਰੀ ਭੀ ਸਦਾ (ਗੁਰੂ ਨਾਨਕ ਦੇ) ਗੁਣ ਉੱਚਾਰ ਰਿਹਾ ਹੈ।
59231	1390	ਦੂਰਬਾ ਪਰੂਰਉ ਅੰਗਰੈ ਗੁਰ ਨਾਨਕ ਜਸੁ ਗਾਇਓ॥	(ਦੂਰਬਾ) ਦੁਰਬਾਸ਼ਾ (ਪਰੂਰਉ) ਪਰੂਰਵ ਰਾਜਾ। (ਅੰਗਰੈ) ਰਿਖੀ	Dhoorabaa Parooro Angarai Gur Naanak Jas Gaaeiou ||	Doorbaasaa, King Puro and Angra sing the Praises of Guru Nanak.	ਦੁਰਵਾਸਾ ਰਿਸ਼ੀ ਨੇ, ਰਾਜਾ ਪੁਰੂ ਨੇ ਤੇ ਅੰਗਰ ਰਿਸ਼ੀ ਨੇ ਗੁਰੂ ਨਾਨਕ ਦਾ ਜਸ ਗਾਂਵਿਆਂ ਹੈ।

59232	1390	ਕਬਿ ਕਲ ਸੁਜਸੁ ਨਾਨਕ ਗੁਰ ਘਟਿ ਘਟਿ ਸਹਜਿ ਸਮਾਇਓ॥੧੦॥	ਗੁਰਮੁਖਿ ਭੱਟ ਕਲ	Kab Kal Sujas Naanak Gur Ghatt Ghatt Sehaj Samaaeiou ||10||	Says KAL the poet, the Sublime Praises of Guru Nanak intuitively permeate each and every heart. ||10||	ਹੇ ਕਲਜਜ ਕਵੀ! ਗੁਰੂ ਨਾਨਕ ਦੀ ਸੋਹਣੀ ਸੋਭਾ ਸੁਤੇ ਹੀ ਹਰੇਕ ਪ੍ਰਾਣੀ-ਮਾਤ੍ਰ ਦੇ ਹਿਰਦੇ ਵਿਚ ਟਿਕੀ ਹੋਈ ਹੈ ॥੧੦॥
59233	1391	ਸਵਈਏ ਮਹਲੇ ਦੂਜੇ ਕੇ ੨	੨ ਅੰਕ ਨਹੀਂ ਪੜ੍ਹਨਾ	Saveeeae Mehalae Dhoojae Kae 2	Swaiyas In Praise Of The Second Mehl:	ਗੁਰੂ ਅੰਗਦ ਦੇਵ ਜੀ ਦੀ ਉਸਤਤਿ ਵਿਚ ਉਚਾਰੇ ਹੋਏ ਸਵਈਏ।
59234	1391	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
59235	1391	ਸੋਈ ਪੁਰਖੁ ਧੰਨੁ ਕਰਤਾ ਕਾਰਣ ਕਰਤਾਰੁ ਕਰਣ ਸਮਰਥੋ॥	ਸਮਰੱਥੋ	Soee Purakh Dhann Karathaa Kaaran Karathaar Karan Samarathho ||	Blessed is the Primal Lord God, the Creator, the All-powerful Cause of causes.	ਧੰਨ ਹੈ ਉਹ ਕਰਤਾਰ ਸਰਬ-ਵਿਆਪਕ ਹਰੀ, ਜੋ ਇਸ ਸ੍ਰਿਸ਼ਟੀ ਦਾ ਮੂਲ ਕਾਰਨ ਹੈ, ਸਿਰਜਣ ਵਾਲਾ ਹੈ ਤੇ ਸਮਰੱਥਾ ਵਾਲਾ ਹੈ।
59236	1391	ਸਤਿਗੁਰੂ ਧੰਨੁ ਨਾਨਕੁ ਮਸਤਕਿ ਤੁਮ ਧਰਿਓ ਜਿਨਿ ਹਥੋ॥	ਹੱਥੋ	Sathiguroo Dhann Naanak Masathak Thum Dhhariou Jin Hathho ||	Blessed is the True Guru Nanak, who placed His hand upon Your forehead.	ਧੰਨ ਹੈ ਸਤਿਗੁਰੂ ਨਾਨਕ, ਜਿਸ ਨੇ (ਹੇ ਗੁਰੂ ਅੰਗਦ!) ਤੇਰੇ ਮੱਥੇ ਉੱਤੇ (ਆਪਣਾ) ਹੱਥ ਰੱਖਿਆ ਹੈ।

59237	1391	ਤ ਧਰਿਓ ਮਸਤਕਿ ਹਥੁ ਸਹਜਿ ਅਮਿਉ ਵੁਠਉ ਛਜਿ ਸੁਰਿ ਨਰ ਗਣ ਮੁਨਿ ਬੋਹਿਯ ਅਗਾਜਿ॥	ਛੱਜੀਂ ਖਾਰੀ (ਛਜਿ) ਫੱਬ ਕੇ ਭਾਵ ਬਹੁਤਾ ਹੀ। ਬੋਹਿਯ: ਯ ਸਵਾਰ ਕੇ,ਤਾਲੂ ਤੋਂ ਬੋਲੋ। (ਬੋਹਿਯ) ਸੁਗੰਧੀ ਜਸ ਰੂਪ। (ਅਗਾਜਿ) ਪ੍ਰਗਟ। ਛੱਜਿ	Th Dhhariou Masathak Hathh Sehaj Amio Vutho Shhaj Sur Nar Gan Mun Bohiy Agaaj ||	When He placed His hand upon Your forehead, then the celestial nectar began to rain down in torrents; the gods and human beings, heavenly heralds and sages were drenched in its fragrance.	ਤਦੋਂ ਸਹਿਜੇ ਹੀ (ਗੁਰੂ ਨਾਨਕ ਨੇ ਤੇਰੇ) ਮੱਥੇ ਉੱਤੇ ਹੱਥ ਰੱਖਿਆ। (ਤੇਰੇ ਹਿਰਦੇ ਵਿਚ) ਨਾਮ-ਅੰਮ੍ਰਿਤ ਛਹਬਰ ਲਾ ਕੇ ਵੱਸ ਪਿਆ, ਜਿਸ ਦੀ ਬਰਕਤਿ ਨਾਲ ਦੇਵਤੇ, ਮਨੁੱਖ, ਗਣ ਤੇ ਰਿਸ਼ੀ ਮੁਨੀ ਪ੍ਰਤੱਖ ਤੌਰ ਤੇ ਭਿੱਜ ਗਏ।
59238	1391	ਮਾਰਿਓ ਕੰਟਕੁ ਕਾਲੁ ਗਰਜਿ ਧਾਵਤੁ ਲੀਓ ਬਰਜਿ ਪੰਚ ਭੂਤ ਏਕ ਘਰਿ ਰਾਖਿ ਲੇ ਸਮਜਿ॥	(ਸਮੱਜਿ) ਭਲੀ ਪ੍ਰਕਾਰ ਜਿੱਤ ਕੇ ਅਥਵਾ ਪੰਜ ਭੂਤਾਂ ਵਿਕਾਰਾਂ ਦੀ ਮੰਡਲੀ ਇੱਕ ਥਾਂ ਕਾਬੂ ਕਰਕੇ ਰੱਖੀ ਹੈ।	Maariou Kanttak Kaal Garaj Dhhaavath Leeou Baraj Panch Bhooth Eaek Ghar Raakh Lae Samaj ||	You challenged and subdued the cruel demon of death; You restrained Your wandering mind; You overpowered the five demons and You keep them in one home.	(ਹੇ ਗੁਰੂ ਅੰਗਦ!) ਤੂੰ ਦੁਖਦਾਈ ਕਾਲ ਨੂੰ ਆਪਣਾ ਬਲ ਵਿਖਾ ਕੇ ਨਾਸ ਕਰ ਦਿੱਤਾ, ਆਪਣੇ ਮਨ ਨੂੰ ਭਟਕਣ ਤੋਂ ਰੋਕ ਲਿਆ, ਤੇ ਕਾਮਾਦਿਕ ਪੰਜਾਂ ਨੂੰ ਹੀ ਇੱਕ ਥਾਂ ਇਕੱਠਾ ਕਰ ਕੇ ਕਾਬੂ ਕਰ ਲਿਆ।

59239	1391	ਜਗੁ ਜੀਤਉ ਗੁਰ ਦੁਆਰਿ ਖੇਲਹਿ ਸਮਤ ਸਾਰਿ ਰਥੁ ਉਨਮਨਿ ਲਿਵ ਰਾਖਿ ਨਿਰੰਕਾਰਿ॥	(ਸੰਮਤਾ) ਰੂਪਸਾਰਿ ਬਾਜੀ।(ਰਥੁ) ਪ੍ਰਵਾਹ (ਉਨਮਨਿ) ਬ੍ਰਹਮ। ਖੇਲਹਿ। ਸਮਤ: ਪੋਲਾ ਬੋਲੋ ਮਿਲਵਾਂ	Jag Jeetho Gur Dhuaar Khaelehi Samath Saar Rathh Ounaman Liv Raakh Nirankaar ||	Through the Guru's Door, the Gurdwara, You have conquered the world; You play the game even-handedly. You keep the flow of your love steady for the Formless Lord.	(ਹੇ ਗੁਰੂ ਅੰਗਦ!) ਗੁਰੂ (ਨਾਨਕ) ਦੇ ਦਰ ਤੇ ਪੈ ਕੇ ਤੂੰ ਜਗਤ ਨੂੰ ਜਿੱਤ ਲਿਆ ਹੈ, ਤੂੰ ਸਮਤਾ ਦੀ ਬਾਜ਼ੀ ਖੇਲ ਰਿਹਾ ਹੈਂ; (ਭਾਵ, ਤੂੰ ਸਭ ਇੱਕ ਦ੍ਰਿਸ਼ਟੀ ਨਾਲ ਵੇਖ ਰਿਹਾ ਹੈਂ)। ਨਿਰੰਕਾਰ ਵਿਚ ਲਿਵ ਰੱਖਣ ਕਰ ਕੇ ਤੇਰੀ ਬ੍ਰਿਤੀ ਦਾ ਪ੍ਰਵਾਹ ਪੂਰਨ ਖਿੜਾਉ ਦੀ ਅਵਸਥਾ ਵਿਚ ਟਿਕਿਆ ਰਹਿੰਦਾ ਹੈ।
59240	1391	ਕਹੁ ਕੀਰਤਿ ਕਲ ਸਹਾਰ ਸਪਤ ਦੀਪ ਮਝਾਰ ਲਹਣਾ ਜਗਤ੍ਰ ਗੁਰੁ ਪਰਸਿ ਮੁਰਾਰਿ॥੧॥	ਜਗੱਤ੍ਰ	Kahu Keerath Kal Sehaar Sapath Dheep Majhaar Lehanaa Jagathr Gur Paras Muraar ||1||	O Kal Sahaar, chant the Praises of Lehnaa throughout the seven continents; He met with the Lord, and became Guru of the World. ||1||	ਹੇ ਕਲਸਹਾਰ! ਆਖ- ਹਰੀ-ਰੂਪ ਜਗਤ ਦੇ ਗੁਰੂ (ਨਾਨਕ ਦੇਵ ਜੀ) ਨੂੰ ਪਰਸ ਕੇ (ਭਾਵ, ਗੁਰੂ ਨਾਨਕ ਦੀ ਚਰਨੀਂ ਲੱਗ ਕੇ) ਲਹਣੇ ਦੀ ਸੋਭਾ ਸਾਰੇ ਸੰਸਾਰ ਵਿਚ ਫੈਲ ਰਹੀ ਹੈ ॥੧॥
59241	1391	ਜਾ ਕੀ ਦ੍ਰਿਸਟਿ ਅੰਮ੍ਰਿਤਧਾਰ ਕਾਲੁਖ ਖਨਿ ਉਤਾਰ ਤਿਮਰ ਅਗ੍ਯਾਨ ਜਾਹਿ ਦਰਸ ਦੁਆਰ॥	(ਖਨਿ) ਪੁਟ ਕੇ। (ਤਿਮਰ) ਅੰਧੇਰਾ।ਅਗ੍ਯਾਨ: ਅਗਿਆਨ	Jaa Kee Dhrisatt Anmrith Dhhaar Kaalukh Khan Outhaar Thimar Agyaan Jaahi Dharas Dhuaar ||	The Stream of Ambrosial Nectar from His eyes washes away the slime and filth of sins; the sight of His door dispels the darkness of ignorance.	ਜਿਸ (ਗੁਰੂ ਅੰਗਦ ਦੇਵ ਜੀ) ਦੀ ਦ੍ਰਿਸ਼ਟੀ ਅੰਮ੍ਰਿਤ ਵਸਾਣ ਵਾਲੀ ਹੈ, (ਪਾਪਾਂ ਦੀ) ਕਾਲਖ ਪੁੱਟ ਕੇ ਦੂਰ ਕਰਨ ਦੇ ਸਮਰੱਥ ਹੈ, ਉਸ ਦੇ ਦਰ ਦਾ ਦਰਸ਼ਨ ਕਰਨ ਨਾਲ ਅਗਿਆਨ ਆਦਿਕ ਹਨੇਰੇ ਦੂਰ ਹੋ ਜਾਂਦੇ ਹਨ।

59242	1391	ਓਇ ਜੁ ਸੇਵਹਿ ਸਬਦੁ ਸਾਰੁ ਗਾਖੜੀ ਬਿਖਮ ਕਾਰ ਤੇ ਨਰ ਭਵ ਉਤਾਰਿ ਕੀਏ ਨਿਰਭਾਰ॥	ਕਠਨ ਤੋਂ (ਬਿਖਮ) ਕਠਨ। ਗੱਖੜੀ	Oue J Saevehi Sabadh Saar Gaakharree Bikham Kaar Thae Nar Bhav Outhaar Keeeae Nirabhaar ||	Whoever accomplishes this most difficult task of contemplating the most sublime Word of the Shabad - those people cross over the terrifying world-ocean, and cast off their loads of sin.	ਜੋ ਮਨੁੱਖ (ਉਸ ਦੇ) ਸ੍ਰੇਸ਼ਟ ਸ਼ਬਦ ਨੂੰ ਜਪਦੇ ਹਨ, ਅਤੇ (ਇਹ) ਔਖੀ ਤੇ ਬਿਖੜੀ ਕਾਰ ਕਰਦੇ ਹਨ, ਉਹਨਾਂ ਨੂੰ ਸੰਸਾਰ-ਸਾਗਰ ਤੋਂ ਪਾਰ ਲੰਘਾ ਕੇ ਸਤਿਗੁਰੂ ਨੇ ਮੁਕਤ ਕਰ ਦਿੱਤਾ ਹੈ।
59243	1391	ਸਤਸੰਗਤਿ ਸਹਜ ਸਾਰਿ ਜਾਗੀਲੇ ਗੁਰ ਬੀਚਾਰਿ ਨਿੰਮਰੀ ਭੂਤ ਸਦੀਵ ਪਰਮ ਪਿਆਰਿ॥	(ਭੁਤ) ਸਰੂਪ। ਜਾਗੀ–ਲੇ	Sathasangath Sehaj Saar Jaageelae Gur Beechaar Ninmaree Bhooth Sadheev Param Piaar ||	The Sat Sangat, the True Congregation, is celestial and sublime; whoever remains awake and aware, contemplating the Guru, embodies humility, and is imbued forever with the Supreme Love of the Lord.	(ਉਹ ਮਨੁੱਖ) ਸਤਸੰਗਤ ਵਿਚ ਸਹਜ ਅਵਸਥਾ ਨੂੰ ਪ੍ਰਾਪਤ ਕਰਦੇ ਹਨ, ਸਤਿਗੁਰੂ ਦੀ ਦੱਸੀ ਹੋਈ ਵਿਚਾਰ ਦੀ ਬਰਕਤਿ ਨਾਲ (ਉਹਨਾਂ ਦੇ ਮਨ) ਜਾਗ ਪੈਂਦੇ ਹਨ; ਉਹ ਸਦਾ ਨਿੰਮ੍ਰਤਾ ਤੇ ਪਰਮ ਪਿਆਰ ਵਿਚ (ਭਿੱਜੇ) ਰਹਿੰਦੇ ਹਨ।

59244	1391	ਕਹੁ ਕੀਰਤਿ ਕਲ ਸਹਾਰ ਸਪਤ ਦੀਪ ਮਝਾਰ ਲਹਣਾ ਜਗਤ੍ਰ ਗੁਰੁ ਪਰਸਿ ਮੁਰਾਰਿ॥੨॥	ਜਗੱਤ੍ਰ	Kahu Keerath Kal Sehaar Sapath Dheep Majhaar Lehanaa Jagathr Gur Paras Muraar ||2||	O Kal Sahaar, chant the Praises of Lehnaa throughout the seven continents; He met with the Lord, and became Guru of the World. ||2||	ਹੇ ਕਲਸਹਾਰ! ਆਖ- ਮੁਰਾਰੀ ਦੇ ਰੂਪ ਜਗਤ-ਗੁਰੂ (ਨਾਨਕ ਦੇਵ ਜੀ) ਨੂੰ ਪਰਸ ਕੇ (ਐਸੇ ਗੁਰੂ ਅੰਗਦ) ਲਹਣੇ ਦੀ ਸੋਭਾ ਸਾਰੇ ਸੰਸਾਰ ਵਿਚ ਪਸਰ ਰਹੀ ਹੈ ॥੨॥
59245	1391	ਤੈ ਤਉ ਦ੍ਰਿੜਿਓ ਨਾਮੁ ਅਪਾਰੁ ਬਿਮਲ ਜਾਸੁ ਬਿਥਾਰੁ ਸਾਧਿਕ ਸਿਧ ਸੁਜਨ ਜੀਆ ਕੋ ਅਧਾਰੁ॥	(ਬਿਮਲ) ਉੱਜਲ। ਸੁ-ਜਨ	Thai Tho Dhrirriou Naam Apaar Bimal Jaas Bithhaar Saadhhik Sidhh Sujan Jeeaa Ko Adhhaar ||	You hold tight to the Naam, the Name of the Infinite Lord; Your expanse is immaculate. You are the Support of the Siddhas and seekers, and the good and humble beings.	(ਹੇ ਗੁਰੂ ਅੰਗਦ!) ਤੂੰ ਤਾਂ (ਅਕਾਲ ਪੁਰਖ ਦੇ) ਅਪਾਰ ਨਾਮ ਨੂੰ ਆਪਣੇ ਹਿਰਦੇ ਵਿਚ ਟਿਕਾਇਆ ਹੈ, ਤੇਰੀ ਨਿਰਮਲ ਸੋਭਾ ਖਿੱਲਰੀ ਹੋਈ ਹੈ। ਤੂੰ ਸਾਧਿਕ ਸਿੱਧ ਅਤੇ ਸੰਤ ਜਨਾਂ ਦੀ ਜ਼ਿੰਦਗੀ ਦਾ ਸਹਾਰਾ ਹੈਂ।
59246	1391	ਤੂ ਤਾ ਜਨਿਕ ਰਾਜਾ ਅਉਤਾਰੁ ਸਬਦੁ ਸੰਸਾਰਿ ਸਾਰੁ ਰਹਹਿ ਜਗਤ੍ਰ ਜਲ ਪਦਮ ਬੀਚਾਰ॥	ਜ-ਗੱਤ੍ਰ	Thoo Thaa Janik Raajaa Aouthaar Sabadh Sansaar Saar Rehehi Jagathr Jal Padham Beechaar ||	You are the incarnation of King Janak; the contemplation of Your Shabad is sublime throughout the universe. You abide in the world like the lotus on the water.	(ਹੇ ਗੁਰੂ ਅੰਗਦ!) ਤੂੰ ਤਾਂ (ਨਿਰਲੇਪਤਾ ਵਿਚ) ਰਾਜਾ ਜਨਕ ਦਾ ਅਵਤਾਰ ਹੈਂ (ਭਾਵ, ਜਿਵੇਂ ਰਾਜਾ ਜਨਕ ਨਿਰਲੇਪ ਰਹਿੰਦਾ ਸੀ, ਤਿਵੇਂ ਤੂੰ ਨਿਰਲੇਪ ਰਹਿੰਦਾ ਹੈਂ)। ਜਗਤ ਵਿਚ (ਤੇਰਾ) ਸ਼ਬਦ ਸ੍ਰੇਸ਼ਟ ਹੈ, ਤੂੰ ਜਗਤ ਵਿਚ ਇਉਂ ਨਿਰਲੇਪ ਰਹਿੰਦਾ ਹੈਂ; ਜਿਵੇਂ ਕੌਲ ਫੁੱਲ ਜਲ ਵਿਚ।

59247	1391	ਕਲਿਪਤਰੁ ਰੋਗ ਬਿਦਾਰੁ ਸੰਸਾਰ ਤਾਪ ਨਿਵਾਰੁ ਆਤਮਾ ਤ੍ਰਿਬਿਧਿ ਤੇਰੈ ਏਕ ਲਿਵ ਤਾਰ॥	ਕਲਿਪ-ਤਰੁ	Kalip Thar Rog Bidhaar Sansaar Thaap Nivaar Aathamaa Thribidhh Thaerai Eaek Liv Thaar ||	Like the Elyisan Tree, You cure all illnesses and take away the sufferings of the world. The three-phased soul is lovingly attuned to You alone.	(ਹੇ ਗੁਰੂ ਅੰਗਦ!) ਤੂੰ ਕਲਪ ਰੁੱਖ ਹੈਂ, ਰੋਗਾਂ ਦੇ ਦੂਰ ਕਰਨ ਵਾਲਾ ਹੈਂ, ਸੰਸਾਰ ਦੇ ਦੁੱਖਾਂ ਨੂੰ ਨਿਵਿਰਤ ਕਰਨ ਵਾਲਾ ਹੈਂ। ਸਾਰੇ ਸੰਸਾਰੀ ਜੀਵ ਤੇਰੇ (ਚਰਨਾਂ) ਵਿਚ ਇੱਕ-ਰਸ ਲਿਵ ਲਾਈ ਬੈਠੇ ਹਨ।
59248	1391	ਕਹੁ ਕੀਰਤਿ ਕਲ ਸਹਾਰ ਸਪਤ ਦੀਪ ਮਝਾਰ ਲਹਣਾ ਜਗਤ੍ਰ ਗੁਰੁ ਪਰਸਿ ਮੁਰਾਰਿ॥੩॥	ਜਗੱਤ੍ਰ	Kahu Keerath Kal Sehaar Sapath Dheep Majhaar Lehanaa Jagathr Gur Paras Muraar ||3||	O Kal Sahaar, chant the Praises of Lehnaa throughout the seven continents; He met with the Lord, and became Guru of the World. ||3||	ਹੇ ਕਲਜਸਹਾਰ! ਆਖ-ਮੁਰਾਰੀ-ਰੂਪ ਜਗਤ-ਗੁਰੂ (ਨਾਨਕ ਦੇਵ ਜੀ) ਨੂੰ ਪਰਸ ਕੇ (ਐਸੇ ਗੁਰੂ ਅੰਗਦ) ਲਹਣੇ ਦੀ ਸੋਭਾ ਸੱਤਾਂ ਦੀਪਾਂ ਵਿਚ ਫੈਲ ਰਹੀ ਹੈ ॥੩॥

59249	1391	ਤੈ ਤਾ ਹਦਰਥਿ ਪਾਇਓ ਮਾਨੁ ਸੇਵਿਆ ਗੁਰੁ ਪਰਵਾਨੁ ਸਾਧਿ ਅਜਗਰੁ ਜਿਨਿ ਕੀਆ ਉਨਮਾਨੁ॥	ਹਦ-ਰਥਿ:ਪੋਲਾ ਬੋਲੋ। (ਹਦਰਥਿ) ਹਜ਼ੂਰ ਗੁਰੂ ਨਾਨਕ ਦੇਵ ਸਾਹਿਬ ਜੀ ਤੋਂ।(ਹਦਰਥਿ) ਹੱਦ ਰਹਿਤ।ਅਜਗਰੁ: ਪੋਲਾ ਬੋਲੋ। (ਅਜ-ਗਰੁ) ਅਸਹਿ ਭਾਰ, ਅਗਿਆਨ ਨੂੰ ਸਾਧ ਕੇ। ਜਿਨ੍ਹਾਂ ਨੇ (ਉਨਮਾਨੁ) ਬ੍ਰਹਮ-ਵਿਚਾਰ ਦੁਆਰਾ, ਵਿਕਾਰ ਸੱਪ ਨੂੰ ਵੱਸ ਕੀਤਾ ਹੈ।	Thai Thaa Hadharathh Paaeiou Maan Saeviaa Gur Paravaan Saadhh Ajagar Jin Keeaa Ounamaan ||	You were blessed with glory by the Prophet; You serve the Guru, certified by the Lord, who has subdued the snake of the mind, and who abides in the state of sublime bliss.	(ਹੇ ਗੁਰੂ ਅੰਗਦ!) ਤੂੰ ਤਾਂ (ਗੁਰੂ-ਨਾਨਕ ਦੀ) ਹਜ਼ੂਰੀ ਵਿੱਚੋਂ ਮਾਨ ਪਾਇਆ ਹੈ; ਤੂੰ ਪ੍ਰਵਾਣੀਕ ਗੁਰੂ (ਨਾਨਕ) ਨੂੰ ਸੇਵਿਆ ਹੈ, ਜਿਸ ਨੇ ਅਸਾਧ ਮਨ ਨੂੰ ਸਾਧ ਕੇ ਉਸ ਨੂੰ ਉੱਚਾ ਕੀਤਾ ਹੋਇਆ ਹੈ,
59250	1391	ਹਰਿ ਹਰਿ ਦਰਸ ਸਮਾਨ ਆਤਮਾਵੰਤ ਗਿਆਨ ਜਾਣੀਅ ਅਕਲ ਗਤਿ ਗੁਰ ਪਰਵਾਨ॥	(ਆਤਮਾ) ਬ੍ਰਹਮਗਿਆਨ (ਵੰਤ) ਵਾਲੇ। (ਅ-ਕਲ) ਕਲਪਣਾ ਰਹਿਤ ਕਰਤਾਰਜੀ	Har Har Dharas Samaan Aathamaa Vanthagiaan Jaaneea Akal Gath Gur Paravaan ||	Your Vision is like that of the Lord, Your soul is a fount of spiritual wisdom; You know the unfathomable state of the certified Guru.	(ਹੇ ਗੁਰੂ ਅੰਗਦ!) ਜਿਸ ਗੁਰੂ ਦਾ ਦਰਸ਼ਨ ਹਰੀ ਦੇ ਦਰਸ਼ਨ-ਸਮਾਨ ਹੈ, ਜੋ ਆਤਮ-ਗਿਆਨ ਵਾਲਾ ਹੈ, ਤੂੰ ਉਸ ਪ੍ਰਵਾਣੀਕ ਅਤੇ ਸਰਬ-ਵਿਆਪਕ ਪ੍ਰਭੂ ਦੇ ਰੂਪ ਗੁਰੂ (ਨਾਨਕ ਦੇਵ ਜੀ) ਦੀ ਉੱਚੀ ਆਤਮਕ ਅਵਸਥਾ ਸਮਝ ਲਈ ਹੈ।

59251	1391	ਜਾ ਕੀ ਦ੍ਰਿਸਟਿ ਅਚਲ ਠਾਣ ਬਿਮਲ ਬੁਧਿ ਸੁਥਾਨ ਪਹਿਰਿ ਸੀਲ ਸਨਾਹੁ ਸਕਤਿ ਬਿਦਾਰਿ॥	(ਸਕਤਿ) ਮਾਇਆ ਨੂੰ (ਬਿਦਾਰਿ) ਨਾਸ ਕੀਤਾ। (ਠਾਣ) ਅਬਿਨਾਸੀ ਅਸਥਾਨ।ਅ-ਚੱਲ। ਪ-ਹਿਰਿ	Jaa Kee Dhrisatt Achal Thaan Bimal Budhh Suthhaan Pehir Seel Sanaahu Sakath Bidhaar ||	Your Gaze is focused upon the unmoving, unchanging place. Your Intellect is immaculate; it is focused upon the most sublime place. Wearing the armor of humility, you have overcome Maya.	ਜਿਸ (ਗੁਰੂ ਨਾਨਕ) ਦੀ ਨਿਗਾਹ ਅਚੱਲ ਟਿਕਾਣੇ ਤੇ (ਟਿਕੀ ਹੋਈ) ਹੈ, ਜਿਸ ਗੁਰੂ ਦੀ ਬੁੱਧੀ ਨਿਰਮਲ ਹੈ ਤੇ ਸ੍ਰੇਸ਼ਟ ਥਾਂ ਤੇ ਲੱਗੀ ਹੋਈ ਹੈ, ਅਤੇ ਜਿਸ ਗੁਰੂ ਨਾਨਕ ਨੇ ਨਿੰਮ੍ਰਤਾ ਵਾਲੇ ਸੁਭਾਉ ਦਾ ਸੰਨਾਹ ਪਹਿਨ ਕੇ ਮਾਇਆ (ਦੇ ਪ੍ਰਭਾਵ) ਨੂੰ ਨਾਸ ਕੀਤਾ ਹੈ।
59252	1391	ਕਹੁ ਕੀਰਤਿ ਕਲਸਹਾਰ ਸਪਤ ਦੀਪ ਮਝਾਰ ਲਹਣਾ ਜਗਤ੍ਰ ਗੁਰੁ ਪਰਸਿ ਮੁਰਾਰਿ॥੪॥	ਕਲਸਹਾਰ ਭੱਟ।ਜਗੱਤ੍ਰ	Kahu Keerath Kal Sehaar Sapath Dheep Majhaar Lehanaa Jagathr Gur Paras Muraar ||4||	O Kal Sakaar, chant the Praises of Lehnaa throughout the seven continents; He met with the Lord, and became Guru of the World. ||4||	ਹੇ ਕਲਜਜਸਹਾਰ! ਆਖ-ਮੁਰਾਰੀ-ਰੂਪ ਜਗਤ-ਗੁਰੂ (ਨਾਨਕ ਦੇਵ ਜੀ ਦੇ ਚਰਨਾਂ) ਨੂੰ ਪਰਸ ਕੇ ਲਹਣੇ ਜੀ ਦੀ ਸੋਭਾ ਸਾਰੇ ਸੰਸਾਰ ਵਿਚ ਪਸਰ ਰਹੀ ਹੈ ॥੪॥
59253	1391	ਦ੍ਰਿਸਟਿ ਧਰਤ ਤਮ ਹਰਨ ਦਹਨ ਅਘ ਪਾਪ ਪ੍ਰਨਾਸਨ॥	ਪ੍ਰ-ਨਾਸਨ	Dhrisatt Dhharath Tham Haran Dhehan Agh Paap Pranaasan ||	Casting Your Glance of Grace, you dispel the darkness, burn away evil, and destroy sin.	(ਹੇ ਗੁਰੂ ਅੰਗਦ!) ਦ੍ਰਿਸ਼ਟੀ ਕਰਦਿਆਂ ਹੀ ਤੂੰ (ਅਗਿਆਨ-ਰੂਪ) ਹਨੇਰੇ ਨੂੰ ਦੂਰ ਕਰ ਦੇਂਦਾ ਹੈਂ; ਤੂੰ ਪਾਪ ਸਾੜਨ ਵਾਲਾ ਹੈਂ, ਅਤੇ ਪਾਪ ਨਾਸ ਕਰਨ ਵਾਲਾ ਹੈਂ।

59254	1391	ਸਬਦ ਸੂਰ ਬਲਵੰਤ ਕਾਮ ਅਰੁ ਕ੍ਰੋਧ ਬਿਨਾਸਨ॥		Sabadh Soor Balavanth Kaam Ar Krodhh Binaasan ||	You are the Heroic Warrior of the Shabad, the Word of God. Your Power destroys sexual desire and anger.	ਤੂੰ ਸ਼ਬਦ ਦਾ ਸੂਰਮਾ ਹੈਂ ਤੇ ਬਲਵਾਨ ਹੈਂ, ਕਾਮ ਅਤੇ ਕ੍ਰੋਧ ਨੂੰ ਤੂੰ ਨਾਸ ਕਰ ਦੇਂਦਾ ਹੈਂ।
59255	1391	ਲੋਭ ਮੋਹ ਵਸਿ ਕਰਣ ਸਰਣ ਜਾਚਿਕ ਪ੍ਰਤਿਪਾਲਣ॥	ਵੱਸਿ। ਪ੍ਰਤਿ-ਪਾਲਣ	Lobh Moh Vas Karan Saran Jaachik Prathipaalan ||	You have overpowered greed and emotional attachment; You nurture and cherish those who seek Your Sanctuary.	(ਹੇ ਗੁਰੂ ਅੰਗਦ!) ਤੂੰ ਲੋਭ ਤੇ ਮੋਹ ਨੂੰ ਕਾਬੂ ਕੀਤਾ ਹੋਇਆ ਹੈ, ਸਰਨ ਆਏ ਮੰਗਤਿਆਂ ਨੂੰ ਤੂੰ ਪਾਲਣ ਵਾਲਾ ਹੈਂ,
59256	1391	ਆਤਮ ਰਤ ਸੰਗ੍ਰਹਣ ਕਹਣ ਅੰਮ੍ਰਿਤ ਕਲ ਢਾਲਣ॥	(ਕਲ) ਸੁੰਦਰ। ਸੰਗ੍ਰਹਣ	Aatham Rath Sangrehan Kehan Anmrith Kal Dtaalan ||	You gather in the joyful love of the soul; Your Words have the Potency to bring forth Ambrosial Nectar.	ਤੂੰ ਆਤਮਕ ਪ੍ਰੇਮ ਨੂੰ ਇਕੱਠਾ ਕੀਤਾ ਹੋਇਆ ਹੈ, ਤੇਰੇ ਬਚਨ ਅੰਮ੍ਰਿਤ ਦੇ ਸੁੰਦਰ ਚਸ਼ਮੇ ਹਨ।
59257	1391	ਸਤਿਗੁਰੂ ਕਲ ਸਤਿਗੁਰ ਤਿਲਕੁ ਸਤਿ ਲਾਗੈ ਸੋ ਪੈ ਤਰੈ॥		Sathiguroo Kal Sathigur Thilak Sath Laagai So Pai Tharai ||	You are appointed the True Guru, the True Guru in this Dark Age of Kali Yuga; whoever is truly attached to You is carried across.	ਹੇ ਕਲਜਜਸਹਾਰ! ਸਤਿਗੁਰੂ (ਅੰਗਦ ਦੇਵ) ਸ਼ਿਰੋਮਣੀ ਗੁਰੂ ਹੈ। ਜੋ ਮਨੁੱਖ ਸਰਧਾ ਧਾਰ ਕੇ ਉਸ ਦੀ ਚਰਨੀਂ ਲੱਗਦਾ ਹੈ ਉਹ ਤਰ ਜਾਂਦਾ ਹੈ।

59258	1391	ਗੁਰੁ ਜਗਤ ਫਿਰਣ ਸੀਹ ਅੰਗਰਉ ਰਾਜੁ ਜੋਗੁ ਲਹਣਾ ਕਰੈ॥੫॥	(ਫਿਰਣ) ਫੇਰੂ ਜੀ ਦੇ। (ਸੀਹ) ਸ਼ੇਰ। ਸਤਿਗੁਰੂ ਗੁਰੂ (ਅੰਗਰਉ) ਅੰਗਦ ਸਾਹਿਬ ਜੀ	Gur Jagath Firanaseeh Angaro Raaj Jog Lehanaa Karai ||5||	The lion, the son of Pheru, is Guru Angad, the Guru of the World; Lehnaa practices Raja Yoga, the Yoga of meditation and success. ||5||	ਜਗਤ ਦਾ ਗੁਰੂ, ਬਾਬਾ ਫੇਰੂ (ਜੀ) ਦਾ ਸੁਪੁੱਤ੍ਰ ਲਹਿਣਾ ਜੀ (ਗੁਰੂ) ਅੰਗਦ ਰਾਜ ਅਤੇ ਜੋਗ ਮਾਣਦਾ ਹੈ ॥੫॥
59259	1392	ਸਦਾ ਅਕਲ ਲਿਵ ਰਹੈ ਕਰਨ ਸਿਉ ਇਛਾ ਚਾਰਹ॥	(ਕਰਨ) ਇੰਦ੍ਰੇ ਆਪ ਜੀ ਦੀ ਸ਼ੁਭ ਇੱਛਾ ਅਨੁਸਾਰ ਸੁਤੰਤਰ (ਚਾਰਹ) ਵਿਚਰਦੇ ਹਨ। (ਅ-ਕਲ) ਕਲਪਣਾ ਰਹਿਤ ਵਾਹਿਗੁਰੂ ਜੀ	Sadhaa Akal Liv Rehai Karan Sio Eishhaa Chaareh ||	Your mind remains lovingly attuned to the Lord forever; You do whatever you desire.	(ਹੇ ਗੁਰੂ ਅੰਗਦ!) ਤੇਰੀ ਬ੍ਰਿਤੀ ਸਦਾ ਅਕਾਲ ਪੁਰਖ ਵਿਚ ਟਿਕੀ ਰਹਿੰਦੀ ਹੈ, ਕਰਣੀ ਵਿਚ ਤੂੰ ਸੁਤੰਤਰ ਹੈਂ (ਭਾਵ, ਤੇਰੇ ਉਤੇ ਮਾਇਆ ਆਦਿਕ ਦਾ ਬਲ ਨਹੀਂ ਪੈ ਸਕਦਾ)।
59260	1392	ਦ੍ਰੁਮ ਸਪੂਰ ਜਿਉ ਨਿਵੈ ਖਵੈ ਕਸੁ ਬਿਮਲ ਬੀਚਾਰਹ॥	(ਦ੍ਰੁਮ)ਬ੍ਰਿਛ। (ਸਪੂਰ) ਸਹਿਤ ਫਲਾਂ ਦੇ ਪੂਰਨ, (ਨਿਵੈ) ਨਿਵਿਆ ਹੋਵੇ। (ਬਿਮਲ) ਉਜਲ (ਬੀਚਾਰਹ) ਵੀਚਾਰ ਹੈ। ਕਸੁ: ਪੋਲਾ ਬੋਲੋ	Dhraam Sapoor Jio Nivai Khavai Kas Bimal Beechaareh ||	Like the tree heavy with fruit, You bow in humility, and endure the pain of it; You are pure of thought.	ਜਿਵੇਂ ਫਲ ਵਾਲਾ ਰੁੱਖ ਨਿਉਂਦਾ ਹੈ ਤੇ ਖੇਚਲ ਸਹਾਰਦਾ ਹੈ, ਤਿਵੇਂ (ਗੁਰੂ ਅੰਗਦ ਦੀ) ਨਿਰਮਲ ਵਿਚਾਰ ਹੈ, (ਭਾਵ, ਗੁਰੂ ਅੰਗਦ ਭੀ ਇਸੇ ਤਰ੍ਹਾਂ ਨਿਉਂਦਾ ਹੈ, ਤੇ ਸੰਸਾਰੀ ਜੀਵਾਂ ਦੀ ਖ਼ਾਤਰ ਖੇਚਲ ਸਹਾਰਦਾ ਹੈ)।
59261	1392	ਇਹੈ ਤਤੁ ਜਾਣਿਓ ਸਰਬ ਗਤਿ ਅਲਖੁ ਬਿਡਾਣੀ॥	ਅ-ਲਖੁ: ਪੋਲਾ ਬੋਲੋ	Eihai Thath Jaaniou Sarab Gath Alakh Biddaanee ||	You realize this reality, that the Lord is All-pervading, Unseen and Amazing.	(ਹੇ ਗੁਰੂ ਅੰਗਦ!) ਤੂੰ ਇਹ ਭੇਤ ਪਾ ਲਿਆ ਹੈ ਕਿ ਅਚਰਜ ਤੇ ਅਲੱਖ ਹਰੀ ਸਰਬ-ਵਿਆਪਕ ਹੈ।

59262	1392	ਸਹਜ ਭਾਇ ਸੰਚਿਓ ਕਿਰਣਿ ਅੰਮ੍ਰਿਤ ਕਲ ਬਾਣੀ॥		Sehaj Bhaae Sanchiou Kiran Anmrith Kal Baanee ||	With intuitive ease, You send forth the rays of the Ambrosial Word of power.	ਅੰਮ੍ਰਿਤ-ਭਰੀ ਸੁੰਦਰ ਬਾਣੀ-ਰੂਪ ਕਿਰਣ ਦੁਆਰਾ (ਸੰਸਾਰੀ ਜੀਆਂ ਦੇ ਹਿਰਦੇ ਵਿਚ) ਤੂੰ ਸਹਜ ਸੁਭਾਇ ਹੀ ਅੰਮ੍ਰਿਤ ਸਿੰਜ ਰਿਹਾ ਹੈਂ।
59263	1392	ਗੁਰ ਗਮਿ ਪ੍ਰਮਾਣੁ ਤੈ ਪਾਇਓ ਸਤੁ ਸੰਤੋਖੁ ਗ੍ਰਾਹਜਿ ਲਯੌ॥	(ਗ੍ਰਾਹਜਿ) ਗ੍ਰਹਿਣ ਕਰ (ਲਯੌ) ਲਿਆ। ਲਯੌ: ਯੌ ਕਨੌੜਾ ਚਾੜ੍ਹ ਕੇ ਤਾਲੂ ਤੋਂ ਬੋਲੋ	Gur Gam Pramaan Thai Paaeiou Sath Santhokh Graahaj Laya ||	You have risen to the state of the certified Guru; you grasp truth and contentment.	(ਹੇ ਗੁਰੂ ਅੰਗਦ!) ਤੂੰ ਗੁਰੂ (ਨਾਨਕ ਦੇਵ ਜੀ) ਵਾਲਾ ਦਰਜਾ ਹਾਸਲ ਕਰ ਲਿਆ ਹੈ, ਅਤੇ ਸਤ ਸੰਤੋਖ ਨੂੰ ਗ੍ਰਹਿਣ ਕਰ ਲਿਆ ਹੈ।
59264	1392	ਹਰਿ ਪਰਸਿਓ ਕਲੁ ਸਮੁਲਵੈ ਜਨ ਦਰਸਨੁ ਲਹਣੇ ਭਯੌ॥੬॥	ਗੁਰਮੁਖਿ ਕਲੁ ਭੱਟ। (ਸ-ਮੁਲਵੈ) ਭਲੀ ਪ੍ਰਕਾਰ ਕਥਨ ਕਰਦਾ ਹੈ।ਯੌ ਤਾਲੂ ਤੋਂ ਬੋਲੋ	Har Parasiou Kal Samulavai Jan Dharasan Lehanae Bhaya ||6||	KAL proclaims, that whoever attains the Blessed Vision of the Darshan of Lehnaa, meets with the Lord. ||6||	ਕਲਜਜਸਹਾਰ (ਕਵੀ) ਉੱਚੀ ਪੁਕਾਰ ਕੇ ਆਖਦਾ ਹੈ- ਜਿਨ੍ਹਾਂ ਜਨਾਂ ਨੂੰ ਲਹਣੇ ਜੀ ਦਾ ਦਰਸ਼ਨ ਹੋਇਆ ਹੈ, ਉਹਨਾਂ ਨੇ ਅਕਾਲ ਪੁਰਖ ਨੂੰ ਪਰਸ ਲਿਆ ਹੈ' ॥੬॥
59265	1392	ਮਨਿ ਬਿਸਾਸੁ ਪਾਇਓ ਗਹਰਿ ਗਹੁ ਹਦਰਥਿ ਦੀਓ॥	(ਗਹਰਿ) ਗਾੜ੍ਹਾ (ਹਦਰਥਿ) ਹਜ਼ੂਰੀ ਵਿੱਚੋਂ (ਦੀਓ) ਦਿੱਤਾ। ਹਦਰਥਿ: ਪੋਲਾ ਬੋਲੋ	Man Bisaas Paaeiou Gehar Gahu Hadharathh Dheeou ||	My mind has faith, that the Prophet has given You access to the Profound Lord.	(ਹੇ ਗੁਰੂ ਅੰਗਦ!) ਤੂੰ ਆਪਣੇ ਮਨ ਵਿਚ ਸਰਧਾ ਪ੍ਰਾਪਤ ਕੀਤੀ ਹੈ, ਹਜ਼ੂਰ (ਗੁਰੂ ਨਾਨਕ ਜੀ) ਨੇ ਤੈਨੂੰ ਗੰਭੀਰ (ਹਰੀ) ਵਿਚ ਪਹੁੰਚ ਦੇ ਦਿੱਤੀ ਹੈ।
59266	1392	ਗਰਲ ਨਾਸੁ ਤਨਿ ਨਠਯੋ ਅਮਿਉ ਅੰਤਰਗਤਿ ਪੀਓ॥	(ਗਰਲ) ਜ਼ਹਿਰ ਹਉਮੈ ਦੀ। (ਤਨਿ) ਦੇਹ ਅਭਿਮਾਨ।ਨਠਯੋ: ਯੋ ਤਾਲੂ ਤੋਂ ਬੋਲ।ਅੰਤਰ-ਗਤਿ	Garal Naas Than Nathayo Amio Antharagath Peeou ||	Your body has been purged of the deadly poison; You drink the Ambrosial Nectar deep within.	ਨਾਸ ਕਰਨ ਵਾਲਾ ਜ਼ਹਰ (ਭਾਵ, ਮਾਇਆ ਦਾ ਮੋਹ) ਤੇਰੇ ਸਰੀਰ ਵਿਚੋਂ ਨੱਸ ਗਿਆ ਹੈ ਅਤੇ ਤੂੰ ਅੰਤਰ ਆਤਮੇ ਨਾਮ-ਅੰਮ੍ਰਿਤ ਪੀ ਲਿਆ ਹੈ।

59267	1392	ਰਿਦਿ ਬਿਗਾਸੁ ਜਾਗਿਓ ਅਲਖਿ ਕਲ ਧਰੀ ਜੁਗੰਤਰਿ॥		Ridh Bigaas Jaagiou Alakh Kal Dhharee Juganthar ||	Your Heart has blossomed forth in awareness of the Unseen Lord, who has infused His Power throughout the ages.	ਜਿਸ ਅਕਾਲ ਪੁਰਖ ਨੇ ਆਪਣੀ ਸੱਤਾ (ਸਾਰੇ) ਜੁਗਾਂ ਵਿਚ ਰੱਖੀ ਹੋਈ ਹੈ, ਉਸ ਦਾ ਪ੍ਰਕਾਸ਼ (ਗੁਰੂ ਅੰਗਦ ਦੇ) ਹਿਰਦੇ ਵਿਚ ਜਾਗ ਪਿਆ ਹੈ।
59268	1392	ਸਤਿਗੁਰੁ ਸਹਜ ਸਮਾਧਿ ਰਵਿਓ ਸਾਮਾਨਿ ਨਿਰੰਤਰਿ॥		Sathigur Sehaj Samaadhh Raviou Saamaan Niranthar ||	O True Guru, You are intuitively absorbed in Samaadhi, with continuity and equality.	ਅਕਾਲ ਪੁਰਖ ਇਕ-ਰਸ ਸਭ ਦੇ ਅੰਦਰ ਵਿਆਪ ਰਿਹਾ ਹੈ, ਉਸ ਵਿਚ ਸਤਿਗੁਰੂ (ਅੰਗਦ ਦੇਵ) ਆਤਮਕ ਅਡੋਲਤਾ ਵਾਲੀ ਸਮਾਧੀ ਜੋੜੀ ਰੱਖਦਾ ਹੈ।
59269	1392	ਉਦਾਰਉ ਚਿਤ ਦਾਰਿਦ ਹਰਨ ਪਿਖੰਤਿਹ ਕਲਮਲ ਤ੍ਰਸਨ॥	ਚਿੱਤ ਦੇ ਮਹਾਂ (ਉਦਾਰਉ) ਦਲੇਰ ਸ੍ਰੇਸ਼ਟ ਦਾਤੇ। ਪਿ-ਖੰਤਿਹ	Oudhaaro Chith Dhaaridh Haran Pikhanthih Kalamal Thrasan ||	You are open-minded and large-hearted, the Destroyer of poverty; seeing You, sins are afraid.	ਜੋ ਉਦਾਰ ਚਿੱਤ ਵਾਲਾ ਹੈ, ਜੋ ਗਰੀਬੀ ਦੂਰ ਕਰਨ ਵਾਲਾ ਹੈ, ਅਤੇ ਜਿਸ ਨੂੰ ਵੇਖ ਕੇ ਪਾਪ ਤ੍ਰਹਿ ਜਾਂਦੇ ਹਨ,
59270	1392	ਸਦ ਰੰਗਿ ਸਹਜਿ ਕਲੁ ਉਚਰੈ ਜਸ ਜੰਪਉ ਲਹਣੇ ਰਸਨ॥੭॥	ਗੁਰਮੁਖਿ ਭੱਟ ਕਲ। । ਉੱਚਰੈ	Sadh Rang Sehaj Kal Oucharai Jas Janpo Lehanae Rasan ||7||	Says KAL, I lovingly, continually, intuitively chant the Praises of Lehnaa with my tongue. ||7||	ਕਲਜਜਸਹਾਰ ਆਖਦਾ ਹੈ ਕਿ "ਮੈਂ ਆਪਣੀ ਜੀਭ ਨਾਲ ਸਦਾ ਪ੍ਰੇਮ ਵਿਚ ਤੇ ਆਤਮਕ ਅਡੋਲਤਾ ਵਿਚ (ਟਿਕ ਕੇ) ਉਸ ਲਹਣੇ ਜੀ ਦਾ ਜਸ ਉਚਾਰਦਾ ਹਾਂ ॥੭॥

59271	1392	ਨਾਮੁ ਅਵਖਧੁ ਨਾਮੁ ਆਧਾਰੁ ਅਰੁ ਨਾਮੁ ਸਮਾਧਿ ਸੁਖੁ ਸਦਾ ਨਾਮ ਨੀਸਾਣੁ ਸੋਹੈ॥		Naam Avakhadhh Naam Aadhhaar Ar Naam Samaadhh Sukh Sadhaa Naam Neesaan Sohai ||	The Naam, the Name of the Lord, is our medicine; the Naam is our support; the Naam is the peace of Samaadhi. The Naam is the insignia which embellishes us forever.	ਅਕਾਲ ਪੁਰਖ ਦਾ ਨਾਮ (ਸਾਰੇ ਰੋਗਾਂ ਦੀ) ਦਵਾਈ ਹੈ, ਨਾਮ (ਸਭ ਦਾ) ਆਸਰਾ ਹੈ ਅਤੇ ਨਾਮ ਹੀ ਸਮਾਧੀ ਵਾਲਾ ਆਨੰਦ ਹੈ; ਅਕਾਲ ਪੁਰਖ ਦੇ ਨਾਮ ਦਾ ਝੰਡਾ ਸਦਾ ਸੋਭ ਰਿਹਾ ਹੈ।
59272	1392	ਰੰਗਿ ਰਤੌ ਨਾਮ ਸਿਉ ਕਲ ਨਾਮੁ ਸੁਰਿ ਨਰਹ ਬੋਹੈ॥	ਕਲ ਸੁੰਦਰ ਪ੍ਰੀਤ ਰੂਪ (ਬੋਹੈ) ਖ਼ੁਸ਼ਬੂ ਸਹਿਤ	Rang Ratha Naam Sio Kal Naam Sur Nareh Bohai ||	KAL is imbued with the Love of the Naam, the Naam which is the fragrance of gods and human beings.	ਹੇ ਕਲਜਜਸਹਾਰ! ਹਰਿ-ਨਾਮ ਦੀ ਬਰਕਤਿ ਨਾਲ ਹੀ (ਗੁਰੂ ਅੰਗਦ) ਰੰਗ ਵਿਚ ਰੱਤਾ ਹੋਇਆ ਹੈ। ਇਹ ਨਾਮ ਦੇਵਤਿਆਂ ਤੇ ਮਨੁੱਖਾਂ ਨੂੰ ਸੁਗੰਧਿਤ ਕਰ ਰਿਹਾ ਹੈ।
59273	1392	ਨਾਮ ਪਰਸੁ ਜਿਨਿ ਪਾਇਓ ਸਤੁ ਪ੍ਰਗਟਿਓ ਰਵਿ ਲੋਇ॥		Naam Paras Jin Paaeiou Sath Pragattiou Rav Loe ||	Whoever obtains the Naam, the Philosopher's Stone, becomes the embodiment of Truth, manifest and radiant throughout the world.	ਜਿਸ ਮਨੁੱਖ ਨੇ ਨਾਮ ਦੀ ਛੋਹ (ਗੁਰੂ ਅੰਗਦ ਦੇਵ ਜੀ) ਤੋਂ ਪ੍ਰਾਪਤ ਕੀਤੀ ਹੈ, ਉਸ ਦਾ ਸਤ ਧਰਮ-ਰੂਪ ਸੂਰਜ ਸੰਸਾਰ ਵਿਚ ਚਮਕ ਪਿਆ ਹੈ।

59274	1392	ਦਰਸਨਿ ਪਰਸਿਐ ਗੁਰੂ ਕੈ ਅਠਸਠਿ ਮਜਨੁ ਹੋਇ॥੮॥		Dharasan Parasiai Guroo Kai Athasath Majan Hoe ||8||	Gazing upon the Blessed Vision of the Guru's Darshan, it is as if one has bathed at the sixty-eight sacred shrines of pilgrimage. ||8||	ਸਤਿਗੁਰੂ (ਅੰਗਦ ਦੇਵ ਜੀ) ਦਾ ਦਰਸ਼ਨ ਕਰਨ ਨਾਲ ਅਠਾਹਠ ਤੀਰਥਾਂ ਦਾ ਇਸ਼ਨਾਨ ਹੋ ਜਾਂਦਾ ਹੈ ॥੮॥
59275	1392	ਸਚੁ ਤੀਰਥੁ ਸਚੁ ਇਸਨਾਨੁ ਅਰੁ ਭੋਜਨੁ ਭਾਉ ਸਚੁ ਸਦਾ ਸਚੁ ਭਾਖੰਤੁ ਸੋਹੈ॥		Sach Theerathh Sach Eisanaan Ar Bhojan Bhaao Sach Sadhaa Sach Bhaakhanth Sohai ||	The True Name is the sacred shrine, the True Name is the cleansing bath of purification and food. The True Name is eternal love; chant the True Name, and be embellished.	ਸਦਾ-ਥਿਰ ਹਰੀ ਦਾ ਨਾਮ ਹੀ (ਗੁਰੂ ਅੰਗਦ ਦੇਵ ਜੀ ਦਾ) ਤੀਰਥ ਹੈ, ਨਾਮ ਹੀ ਇਸ਼ਨਾਨ ਹੈ ਅਤੇ ਨਾਮ ਤੇ ਪਿਆਰ ਹੀ (ਉਹਨਾਂ ਦਾ) ਭੋਜਨ ਹੈ। ਸਦਾ-ਥਿਰ ਪ੍ਰਭੂ ਦਾ ਨਾਮ ਉਚਾਰਦਿਆਂ ਹੀ (ਗੁਰੂ ਅੰਗਦ) ਸੋਭ ਰਿਹਾ ਹੈ।
59276	1392	ਸਚੁ ਪਾਇਓ ਗੁਰ ਸਬਦਿ ਸਚੁ ਨਾਮੁ ਸੰਗਤੀ ਬੋਹੈ॥	ਸੰਗਤੀਂ	Sach Paaeiou Gur Sabadh Sach Naam Sangathee Bohai ||	The True Name is obtained through the Word of the Guru's Shabad; the Sangat, the Holy Congregation, is fragrant with the True Name.	(ਗੁਰੂ ਅੰਗਦ ਦੇਵ ਜੀ ਨੇ) ਅਕਾਲ ਪੁਰਖ ਦਾ ਨਾਮ ਗੁਰੂ (ਨਾਨਕ ਦੇਵ ਜੀ) ਦੇ ਸ਼ਬਦ ਦੀ ਰਾਹੀਂ ਪ੍ਰਾਪਤ ਕੀਤਾ ਹੈ, ਇਹ ਸੱਚਾ ਨਾਮ ਸੰਗਤਾਂ ਨੂੰ ਸੁਗੰਧਿਤ ਕਰਦਾ ਹੈ।

59277	1392	ਜਿਸੁ ਸਚੁ ਸੰਜਮੁ ਵਰਤੁ ਸਚੁ ਕਬਿ ਜਨ ਕਲ ਵਖਾਣੁ॥	ਗੁਰਮੁਖਿ ਭੱਟ ਕਲ	Jis Sach Sanjam Varath Sach Kab Jan Kal Vakhaan ||	KAL the poet utters the Praises of the one whose self-discipline is the True Name, and whose fast is the True Name.	ਦਾਸ ਕਲਜਜਸਹਾਰ ਕਵੀ ਆਖਦਾ ਹੈ, ਜਿਸ (ਗੁਰੂ ਅੰਗਦ ਦੇਵ ਜੀ) ਦਾ ਸੰਜਮ ਅਕਾਲ ਪੁਰਖ ਦਾ ਨਾਮ ਹੈ ਅਤੇ ਵਰਤ ਭੀ ਹਰੀ ਦਾ ਨਾਮ ਹੀ ਹੈ,
59278	1392	ਦਰਸਨਿ ਪਰਸਿਐ ਗੁਰੂ ਕੈ ਸਚੁ ਜਨਮੁ ਪਰਵਾਣੁ॥੯॥		Dharasan Parasiai Guroo Kai Sach Janam Paravaan ||9||	Gazing upon the Blessed Vision of the Guru's Darshan, one's life is approved and certified in the True Name. ||9||	ਉਸ ਗੁਰੂ ਦਾ ਦਰਸ਼ਨ ਕੀਤਿਆਂ ਸਦਾ-ਥਿਰ ਹਰਿ-ਨਾਮ ਪ੍ਰਾਪਤ ਹੋ ਜਾਂਦਾ ਹੈ ਅਤੇ ਮਨੁੱਖਾ-ਜਨਮ ਸਫਲਾ ਹੋ ਜਾਂਦਾ ਹੈ" ॥੯॥
59279	1392	ਅਮਿਅ ਦ੍ਰਿਸਟਿ ਸੁਭ ਕਰੈ ਹਰੈ ਅਘ ਪਾਪ ਸਕਲ ਮਲ॥	(ਅਮਿਅ) ਅੰਮ੍ਰਿਤ ਦੀ	Amia Dhrisatt Subh Karai Harai Agh Paap Sakal Mal ||	When You bestow Your Ambrosial Glance of Grace, You eradicate all wickedness, sin and filth.	(ਗੁਰੂ ਅੰਗਦ ਦੇਵ ਜਿਸ ਉੱਤੇ) ਆਤਮਕ ਜੀਵਨ ਦੇਣ ਵਾਲੀ ਭਲੀ ਨਿਗਾਹ ਕਰਦਾ ਹੈ, (ਉਸ ਦੇ) ਪਾਪ ਤੇ ਸਾਰੀਆਂ ਮੈਲਾਂ ਦੂਰ ਕਰ ਦੇਂਦਾ ਹੈ,
59280	1392	ਕਾਮ ਕ੍ਰੋਧ ਅਰੁ ਲੋਭ ਮੋਹ ਵਸਿ ਕਰੈ ਸਭੈ ਬਲ॥		Kaam Krodhh Ar Lobh Moh Vas Karai Sabhai Bal ||	Sexual desire, anger, greed and emotional attachment - You have overcome all these powerful passions.	ਅਤੇ ਕਾਮ, ਕ੍ਰੋਧ, ਲੋਭ, ਮੋਹ ਤੇ ਅਹੰਕਾਰ-ਇਹ ਸਾਰੇ ਉਸ ਦੇ ਕਾਬੂ ਵਿਚ ਕਰ ਦੇਂਦਾ ਹੈ।
59281	1392	ਸਦਾ ਸੁਖੁ ਮਨਿ ਵਸੈ ਦੁਖੁ ਸੰਸਾਰਹ ਖੋਵੈ॥		Sadhaa Sukh Man Vasai Dhukh Sansaareh Khovai ||	Your mind is filled with peace forever; You banish the sufferings of the world.	(ਗੁਰੂ ਅੰਗਦ ਦੇ) ਮਨ ਵਿਚ ਸਦਾ ਸੁਖ ਵੱਸ ਰਿਹਾ ਹੈ, (ਉਹ) ਸੰਸਾਰ ਦਾ ਦੁੱਖ ਦੂਰ ਕਰਦਾ ਹੈ।

59282	1392	ਗੁਰੁ ਨਵ ਨਿਧਿ ਦਰੀਆਉ ਜਨਮ ਹਮ ਕਾਲਖ ਧੋਵੈ॥	(ਦਰੀਆਉ) ਸਮੁੰਦ੍ਰ (ਹਮ) ਤਮਾਮ। ਦਰੀ-ਆਉ	Gur Nav Nidhh Dhareeaao Janam Ham Kaalakh Dhhovai ||	The Guru is the river of the nine treasures, washing off the dirt of our lives.	ਸਤਿਗੁਰੂ ਨੌ ਨਿਧੀਆਂ ਦਾ ਦਰੀਆਉ ਹੈ; ਸਾਡੇ ਜਨਮਾਂ ਦੀ ਕਾਲਖ ਧੋਂਦਾ ਹੈ।
59283	1392	ਸੁ ਕਹੁ ਟਲ ਗੁਰੁ ਸੇਵੀਐ ਅਹਿ ਨਿਸਿ ਸਹਜਿ ਸੁਭਾਇ॥	(ਸੁ) ਭਲੀਪ੍ਰਕਾਰ। (ਕਹੁ) ਕਹਿੰਦੇ ਹਨ। ਗੁਰਮੁਖਿ ਟੱਲ ਭੱਟ ਜੀ	S Kahu Ttal Gur Saeveeai Ahinis Sehaj Subhaae ||	So speaks TAL the poet: serve the Guru, day and night, with intuitive love and affection.	ਹੇ ਕਲਜਜਸਹਾਰ! ??? (ਐਸੇ) ਗੁਰੂ (ਅੰਗਦ ਦੇਵ ਜੀ) ਨੂੰ ਦਿਨ ਰਾਤ ਆਤਮਕ ਅਡੋਲਤਾ ਅਤੇ ਪ੍ਰੇਮ ਵਿਚ ਟਿਕ ਕੇ ਸੇਵਨਾ ਚਾਹੀਦਾ ਹੈ।
59284	1392	ਦਰਸਨਿ ਪਰਸਿਐ ਗੁਰੂ ਕੈ ਜਨਮ ਮਰਣ ਦੁਖੁ ਜਾਇ॥੧੦॥		Dharasan Parasiai Guroo Kai Janam Maran Dhukh Jaae ||10||	Gazing upon the Blessed Vision of the Guru, the pains of death and rebirth are taken away. ||10||	(ਐਸੇ) ਸਤਿਗੁਰੂ ਦੇ ਦਰਸ਼ਨ ਕੀਤਿਆਂ ਜਨਮ ਮਰਨ ਦਾ ਦੁੱਖ ਕੱਟਿਆ ਜਾਂਦਾ ਹੈ" ॥੧੦॥
59285	1392	ਸਵਈਏ ਮਹਲੇ ਤੀਜੇ ਕੇ ੩	੩ ਅੰਕ ਨਹੀਂ ਪੜ੍ਹਨਾ	Saveeeae Mehalae Theejae Kae 3	Swaiyas In Praise Of The Third Mehl:	ਗੁਰੂ ਅਮਰਦਾਸ ਜੀ ਦੀ ਉਸਤਤਿ ਵਿਚ ਉਚਾਰੇ ਹੋਏ ਸਵਈਏ।
59286	1392	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

59287	1392	ਸੋਈ ਪੁਰਖੁ ਸਿਵਰਿ ਸਾਚਾ ਜਾ ਕਾ ਇਕੁ ਨਾਮੁ ਅਛਲੁ ਸੰਸਾਰੇ॥	ਅ-ਛਲੁ	Soee Purakh Sivar Saachaa Jaa Kaa Eik Naam Ashhal Sansaarae ||	Dwell upon that Primal Being, the True Lord God; in this world, His One Name is Undeceivable.	ਉਸ ਸਦਾ-ਥਿਰ ਅਕਾਲ ਪੁਰਖ ਨੂੰ ਸਿਮਰ; ਜਿਸ ਦਾ ਇਕ ਨਾਮ ਸੰਸਾਰ ਵਿਚ ਅਛੱਲ ਹੈ।
59288	1392	ਜਿਨਿ ਭਗਤ ਭਵਜਲ ਤਾਰੇ ਸਿਮਰਹੁ ਸੋਈ ਨਾਮੁ ਪਰਧਾਨੁ॥		Jin Bhagath Bhavajal Thaarae Simarahu Soee Naam Paradhhaan ||	He carries His devotees across the terrifying world-ocean; meditate in remembrance on His Naam, Supreme and Sublime.	ਜਿਸ ਨਾਮ ਨੇ ਭਗਤਾਂ ਨੂੰ ਸੰਸਾਰ-ਸਾਗਰ ਤੋਂ ਪਾਰ ਉਤਾਰਿਆ ਹੈ, ਉਸ ਉੱਤਮ ਨਾਮ ਨੂੰ ਸਿਮਰੋ।
59289	1392	ਤਿਤੁ ਨਾਮਿ ਰਸਿਕੁ ਨਾਨਕੁ ਲਹਣਾ ਥਪਿਓ ਜੇਨ ਸ੍ਰਬ ਸਿਧੀ॥	ਸਿੱਧੀ	Thith Naam Rasik Naanak Lehanaa Thhapiou Jaen Srab Sidhhee ||	Nanak delighted in the Naam; He established Lehnaa as Guru, who was imbued with all supernatural spiritual powers.	ਉਸੇ ਨਾਮ ਵਿਚ (ਗੁਰੂ) ਨਾਨਕ ਆਨੰਦ ਲੈ ਰਿਹਾ ਹੈ, (ਉਸੇ ਨਾਮ ਦੁਆਰਾ) ਲਹਣਾ ਜੀ ਟਿੱਕ ਗਏ, ਜਿਸ ਕਰਕੇ ਸਾਰੀਆਂ ਸਿੱਧੀਆਂ ਉਹਨਾਂ ਨੂੰ ਪ੍ਰਾਪਤ ਹੋਈਆਂ।
59290	1392	ਕਵਿ ਜਨ ਕਲ੍ਯ ਸਬੁਧੀ ਕੀਰਤਿ ਜਨ ਅਮਰਦਾਸ ਬਿਸੂਰੀਯਾ॥	ਗੁਰਮੁਖਿ ਕੱਲਿਅ ਭੱਟ। ਸਬੁੱਧੀ। ਬਿਸੂਰੀਯਾ: ਅੱਧਾ ਤੱਤਾ ਪੋਲਾ ਬੋਲੋ ਯਾ ਤਾਲੂ ਤੋਂ ਬੋਲੋ	Kav Jan Kaly Sabudhhee Keerath Jan Amaradhaas Bisoreeyaa ||	So speaks KALL the poet: the glory of the wise, sublime and humble Amar Daas is spread throughout the world.	ਹੇ ਕਲਜਜ ਕਵੀ! (ਉਸੇ ਦੀ ਬਰਕਤਿ ਨਾਲ) ਉੱਚੀ ਬੁੱਧੀ ਵਾਲੇ ਗੁਰੂ ਅਮਰਦਾਸ ਦੀ ਸੋਭਾ ਲੋਕਾਂ ਵਿਚ ਪਸਰ ਰਹੀ ਹੈ।

59291	1392	ਕੀਰਤਿ ਰਵਿ ਕਿਰਣਿ ਪ੍ਰਗਟਿ ਸੰਸਾਰਹ ਸਾਖ ਤਰੋਵਰ ਮਵਲ ਸਰਾ॥	(ਰਵਿ) ਸੂਰਜ ਕਿਰਣਿ ਵਾਂਗ। (ਮਵਲ) ਮਿਲੀ ਸਰਾਸਾਰਿਆਂ ਚ । ਮਵਲ: ਪੋਲਾ ਬੋਲੋ	Keerath Rav Kiran Pragatt Sansaareh Saakh Tharovar Mavalasaraa ||	His Praises radiate throughout the world, like the rays of the sun, and the branches of the maulsar (fragrant) tree.	(ਜਿਵੇਂ) ਮੌਲਸਰੀ ਦੇ ਸ੍ਰੇਸ਼ਟ ਰੁੱਖ ਦੀਆਂ ਸ਼ਾਖ਼ਾਂ (ਖਿੱਲਰ ਕੇ ਸੁਗੰਧੀ ਖਿਲਾਰਦੀਆਂ ਹਨ, ਤਿਵੇਂ ਗੁਰੂ ਅਮਰਦਾਸ ਦੀ) ਸੋਭਾ-ਰੂਪ ਸੂਰਜ ਦੀ ਕਿਰਣ ਦੇ ਜਗਤ ਵਿਚ ਪਰਗਟ ਹੋਣ ਦੇ ਕਾਰਣ-
59292	1392	ਉਤਰਿ ਦਖਿਣਹਿ ਪੁਬਿ ਅਰੁ ਪਸ੍ਚਮਿ ਜੈ ਜੈਕਾਰੁ ਜਪੰਥਿ ਨਰਾ॥	(ਪੁੱਬਿ) ਪੂਰਬ। ਉੱਤਰਿ ਦੱਖਿਣ-ਹਿ	Outhar Dhakhinehi Pub Ar Pascham Jai Jai Kaar Japanthh Naraa ||	In the north, south, east and west, people proclaim Your Victory.	ਪਹਾੜ, ਦੱਖਣ ਚੜ੍ਹਦੇ ਲਹਿੰਦੇ (ਭਾਵ, ਹਰ ਪਾਸੇ) ਲੋਕ ਗੁਰੂ ਅਮਰਦਾਸ ਜੀ ਦੀ ਜੈ-ਜੈਕਾਰ ਕਰ ਰਹੇ ਹਨ।
59293	1393	ਹਰਿ ਨਾਮੁ ਰਸਨਿ ਗੁਰਮੁਖਿ ਬਰਦਾਯਉ ਉਲਟਿ ਗੰਗ ਪਸ੍ਚਮਿ ਧਰੀਆ॥	ਬਰ-ਦਾਯਉ: ਯ ਤਾਲੂ ਤੋਂ ਬੋਲੋ।	Har Naam Rasan Guramukh Baradhaayo Oulatt Gang Pascham Dhhareeaa ||	The Guru spoke the Lord's Name with His mouth and broadcast it throughout the world, to turn the tide of the hearts of men.	ਜਿਹੜਾ ਹਰੀ ਦਾ ਨਾਮ ਗੁਰੂ ਨਾਨਕ ਦੇਵ ਜੀ ਨੇ ਉਚਾਰ ਕੇ ਵਰਤਾਇਆ ਤੇ ਸੰਸਾਰੀ ਜੀਵਾਂ ਦੀ ਥ੍ਰਿਤੀ ਸੰਸਾਰ ਵਲੋਂ ਉਲਟਾ ਦਿੱਤੀ,
59294	1393	ਸੋਈ ਨਾਮੁ ਅਛਲੁ ਭਗਤਹ ਭਵ ਤਾਰਣੁ ਅਮਰਦਾਸ ਗੁਰ ਕਉ ਫੁਰਿਆ॥੧॥	ਅ-ਛਲੁ	Soee Naam Ashhal Bhagatheh Bhav Thaaran Amaradhaas Gur Ko Furiaa ||1||	That Undeceivable Naam, which carries the devotees across the world-ocean, came into Guru Amar Daas. ||1||	ਉਹੀ ਅਛੱਲ ਨਾਮ, ਉਹੀ ਭਗਤਾਂ ਨੂੰ ਸੰਸਾਰ ਤੋਂ ਪਾਰ ਉਤਾਰਨ ਵਾਲਾ ਨਾਮ ਗੁਰੂ ਅਮਰਦਾਸ ਜੀ ਦੇ ਹਿਰਦੇ ਵਿਚ ਪ੍ਰਗਟ ਹੋਇਆ ॥੧॥

59295	1393	ਸਿਮਰਹਿ ਸੋਈ ਨਾਮੁ ਜਖ੍ਹ ਅਰੁ ਕਿੰਨਰ ਸਾਧਿਕ ਸਿਧ ਸਮਾਧਿ ਹਰਾ॥	ਜਖ੍ਹ: ਜੱਖਿਅ	Simarehi Soee Naam Jakhy Ar Kinnar Saadhhik Sidhh Samaadhh Haraa ||	The gods and heavenly heralds, the Siddhas and seekers and Shiva in Samaadhi meditate in remembrance on the Naam, the Name of the Lord.	ਉਸੇ ਨਾਮ ਨੂੰ ਜੱਖ, ਕਿੰਨਰ, ਸਾਧਿਕ ਸਿੱਧ ਅਤੇ ਸ਼ਿਵ ਜੀ ਸਮਾਧੀ ਲਾ ਕੇ ਸਿਮਰ ਰਹੇ ਹਨ।
59296	1393	ਸਿਮਰਹਿ ਨਖ੍ਯਤ੍ਰ ਅਵਰ ਧ੍ਰੂ ਮੰਡਲ ਨਾਰਦਾਦਿ ਪ੍ਰਹਲਾਦਿ ਵਰਾ॥	ਨਖ੍ਯਤ੍ਰ: ਨਖਿਅਤ੍ਰ	Simarehi Nakhyathr Avar Dhhroo Manddal Naaradhaadh Prehalaadh Varaa ||	The stars and the realms of Dhroo, and devotees like Naaraad and Prahlaad meditate on the Naam.	ਉਸੇ ਨਾਮ ਨੂੰ ਅਨੇਕਾਂ ਨਛੱਤ੍ਰ, ਧ੍ਰੂ ਭਗਤ ਦੇ ਮੰਡਲ, ਨਾਰਦ ਆਦਿਕ ਤੇ ਪ੍ਰਹਲਾਦ ਆਦਿਕ ਸ੍ਰੇਸ਼ਟ ਭਗਤ ਜਪ ਰਹੇ ਹਨ।
59297	1393	ਸਸੀਅਰੁ ਅਰੁ ਸੂਰੁ ਨਾਮੁ ਉਲਾਸਹਿ ਸੈਲ ਲੋਅ ਜਿਨਿ ਉਧਰਿਆ॥	(ਉਲਾਸ-ਹਿ) ਉਤਸ਼ਾਹ ਕਰਦੇ ਹਨ। ਉ-ਧਰਿਆ	Saseear Ar Soor Naam Oulaasehi Sail Loa Jin Oudhhariaa ||	The moon and the sun long for the Naam; it has saved even mountain ranges.	ਚੰਦ੍ਰਮਾ ਅਤੇ ਸੂਰਜ ਉਸੇ ਹਰੀ-ਨਾਮ ਨੂੰ ਲੋਚ ਰਹੇ ਹਨ, ਜਿਸ ਨੇ ਪੱਥਰਾਂ ਦੇ ਢੇਰ ਤਾਰ ਦਿੱਤੇ।
59298	1393	ਸੋਈ ਨਾਮੁ ਅਛਲੁ ਭਗਤਹ ਭਵ ਤਾਰਣੁ ਅਮਰਦਾਸ ਗੁਰ ਕਉ ਫੁਰਿਆ॥੨॥	ਅ-ਛਲੁ: ਪੋਲਾ ਬੋਲੋ	Soee Naam Ashhal Bhagatheh Bhav Thaaran Amaradhaas Gur Ko Furiaa ||2||	That Undeceivable Naam, which carries the devotees across the world-ocean, came into Guru Amar Daas. ||2||	ਉਹੀ ਅਛੱਲ ਨਾਮ, ਤੇ ਭਗਤਾਂ ਨੂੰ ਸੰਸਾਰ ਤੋਂ ਤਾਰਨ ਵਾਲਾ ਨਾਮ ਸਤਿਗੁਰੂ ਅਮਰਦਾਸ ਜੀ ਦੇ ਹਿਰਦੇ ਵਿਚ ਪ੍ਰਗਟ ਹੋਇਆ ॥੨॥

59299	1393	ਸੋਈ ਨਾਮੁ ਸਿਵਰਿ ਨਵ ਨਾਥ ਨਿਰੰਜਨੁ ਸਿਵ ਸਨਕਾਦਿ ਸਮੁਧਰਿਆ॥	(ਸ-ਮੁਧਰਿਆ) ਭਲੀ ਪ੍ਰਕਾਰ ਉਧਰਿਆ	Soee Naam Sivar Nav Naathh Niranjan Siv Sanakaadh Samudhhariaa ||	Dwelling upon that Immaculate Naam, the nine Yogic masters, Shiva and Sanak and many others have been emancipated.	ਨੌ ਨਾਥ, ਸ਼ਿਵ ਜੀ, ਸਨਕ ਆਦਿਕ ਉਸੇ ਪਵਿੱਤ੍ਰ ਨਾਮ ਨੂੰ ਸਿਮਰ ਕੇ ਤਰ ਗਏ;
59300	1393	ਚਵਰਾਸੀਹ ਸਿਧ ਬੁਧ ਜਿਤੁ ਰਾਤੇ ਅੰਬਰੀਕ ਭਵਜਲੁ ਤਰਿਆ॥		Chavaraaseeh Sidhh Budhh Jith Raathae Anbareek Bhavajal Thariaa ||	The eighty-four Siddhas, the beings of supernatural spiritual powers, and the Buddhas are imbued with the Naam; it carried Ambreek across the terrifying world-ocean.	ਚੌਰਾਸੀ ਸਿੱਧ ਤੇ ਹੋਰ ਗਿਆਨਵਾਨ ਉਸੇ ਰੰਗ ਵਿਚ ਰੰਗੇ ਹੋਏ ਹਨ; (ਉਸੇ ਨਾਮ ਦੀ ਬਰਕਤਿ ਨਾਲ) ਅੰਬਰੀਕ ਸੰਸਾਰ-ਸਾਗਰ ਤੋਂ ਤਰ ਗਿਆ।
59301	1393	ਉਧਉ ਅਕ੍ਰੂਰੁ ਤਿਲੋਚਨੁ ਨਾਮਾ ਕਲਿ ਕਬੀਰ ਕਿਲਵਿਖ ਹਰਿਆ॥	ਉਧਉ: ਮਿਲਵਾਂ	Oudhho Akroor Thilochan Naamaa Kal Kabeer Kilavikh Hariaa ||	It has erased the sins of Oodho, Akroor, Trilochan, Naam Dayv and Kabeer, in this Dark Age of Kali Yuga.	ਉਸੇ ਨਾਮ ਨੂੰ ਊਧੌ, ਅਕ੍ਰੂਰ, ਤ੍ਰਿਲੋਚਨ ਅਤੇ ਨਾਮਦੇਵ ਭਗਤ ਨੇ ਸਿਮਰਿਆ, (ਉਸੇ ਨਾਮ ਨੇ) ਕਲਜੁਗ ਵਿਚ ਕਬੀਰ ਦੇ ਪਾਪ ਦੂਰ ਕੀਤੇ।

59302	1393	ਸੋਈ ਨਾਮੁ ਅਛਲੁ ਭਗਤਹ ਭਵ ਤਾਰਣੁ ਅਮਰਦਾਸ ਗੁਰ ਕਉ ਫੁਰਿਆ॥੩॥	ਅ-ਛਲੁ: ਪੋਲਾ ਬੋਲੋ	Soee Naam Ashhal Bhagatheh Bhav Thaaran Amaradhaas Gur Ko Furiaa ||3||	That Undeceivable Naam, which carries the devotees across the world-ocean, came into Guru Amar Daas. ||3||	ਉਹੀ ਅਛੱਲ ਨਾਮ, ਤੇ ਭਗਤ ਜਨਾਂ ਨੂੰ ਸੰਸਾਰ ਤੋਂ ਪਾਰ ਕਰਨ ਵਾਲਾ ਨਾਮ, ਸਤਿਗੁਰੂ ਅਮਰਦਾਸ ਜੀ ਨੂੰ ਅਨੁਭਵ ਹੋਇਆ ॥੩॥
59303	1393	ਤਿਤੁ ਨਾਮਿ ਲਾਗਿ ਤੇਤੀਸ ਧਿਆਵਹਿ ਜਤੀ ਤਪੀ ਸੁਰ ਮਨਿ ਵਸਿਆ॥		Thith Naam Laag Thaethees Dhhiaavehi Jathee Thapeesur Man Vasiaa ||	The three hundred thirty million angels meditate, attached to the Naam; it is enshrined within the minds of the celibates and ascetics.	ਤੇਤੀ ਕ੍ਰੋੜ ਦੇਵਤੇ ਉਸ ਨਾਮ ਵਿਚ ਜੁੜ ਕੇ (ਅਕਾਲ ਪੁਰਖ ਨੂੰ) ਸਿਮਰ ਰਹੇ ਹਨ, (ਉਹੀ ਨਾਮ) ਜਤੀਆਂ ਅਤੇ ਵੱਡੇ ਵੱਡੇ ਤਪੀਆਂ ਦੇ ਮਨ ਵਿਚ ਵੱਸ ਰਿਹਾ ਹੈ।
59304	1393	ਸੋਈ ਨਾਮੁ ਸਿਮਰਿ ਗੰਗੇਵ ਪਿਤਾਮਹ ਚਰਣ ਚਿਤ ਅੰਮ੍ਰਿਤ ਰਸਿਆ॥	ਗੰਗੇਵ: ਭੀਸ਼ਮ ਪਿਤਾਮਹ	Soee Naam Simar Gangaev Pithaameh Charan Chith Anmrith Rasiaa ||	Bhisham Pitama, the son of the Ganges, meditated on that Naam; his consciousness delighted in the Ambrosial Nectar of the Lord's Feet.	ਉਸੇ ਨਾਮ ਨੂੰ ਸਿਮਰ ਕੇ ਅਕਾਲ ਪੁਰਖ ਦੇ ਚਰਣਾਂ ਵਿਚ ਜੁੜਨ ਕਰ ਕੇ ਭੀਸ਼ਮ ਪਤਾਮਾ ਦੇ ਚਿੱਤ ਵਿਚ ਨਾਮ ਅੰਮ੍ਰਿਤ ਚੋਇਆ।

59305	1393	ਤਿਤੁ ਨਾਮਿ ਗੁਰੂ ਗੰਭੀਰ ਗਰੂਅ ਮਤਿ ਸਤ ਕਰਿ ਸੰਗਤਿ ਉਧਰੀਆ॥	(ਗਰੂਅ) ਭਾਰੀ ਮਤਿ ਗੁਰਮਤਿ। ਉਧਰੀ-ਆ	Thith Naam Guroo Ganbheer Garooa Math Sath Kar Sangath Oudhhareeaa ||	The great and profound Guru has brought forth the Naam; accepting the teachings as true, the Holy Congregation has been saved.	ਉਸੇ ਨਾਮ ਵਿਚ ਲੱਗ ਕੇ, ਗੰਭੀਰ ਤੇ ਉਚੀ ਮੱਤ ਵਾਲੇ ਸਤਿਗੁਰੂ ਦੀ ਰਾਹੀਂ, ਪੂਰਨ ਸਰਧਾ ਦਾ ਸਦਕਾ, ਸੰਗਤ ਤਰ ਰਹੀ ਹੈ।
59306	1393	ਸੋਈ ਨਾਮੁ ਅਛਲੁ ਭਗਤਹ ਭਵ ਤਾਰਣੁ ਅਮਰਦਾਸ ਗੁਰ ਕਉ ਫੁਰਿਆ॥੪॥	ਅ-ਛਲੁ: ਪੋਲਾ ਬੋਲੋ	Soee Naam Ashhal Bhagatheh Bhav Thaaran Amaradhaas Gur Ko Furiaa ||4||	That Undeceivable Naam, which carries the devotees across the world-ocean, came into Guru Amar Daas. ||4||	ਉਹੀ ਅਛੱਲ ਨਾਮ ਤੇ ਭਗਤ ਜਨਾਂ ਨੂੰ ਸੰਸਾਰ-ਸਾਗਰ ਤੋਂ ਤਾਰਨ ਵਾਲਾ ਨਾਮ ਗੁਰੂ ਅਮਰਦਾਸ ਦੇ ਹਿਰਦੇ ਵਿਚ ਪ੍ਰਗਟ ਹੋਇਆ ॥੪॥
59307	1393	ਨਾਮ ਕਿਤਿ ਸੰਸਾਰਿ ਕਿਰਣਿ ਰਵਿ ਸੁਰਤਰ ਸਾਖਹ॥	(ਕਿਤਿ) ਕੀਰਤੀ। ਜਿਵੇਂ ਸਵਰਗ ਦੇ ਰੁੱਖ ਮੌਲਸਰੀ ਦੀਆਂ ਸ਼ਾਖਾਂ (ਖਿਲਰ ਕੇ ਸੁਗੰਧੀ ਖਿਲਾਰਦੀਆਂ ਹਨ), (ਤਿਵੇਂ) ਪਰਮਾਤਮਾ ਦੇ ਨਾਮ ਦੀ ਵਡਿਆਈ-ਰੂਪ ਸੂਰਜ ਦੀ ਕਿਰਣ ਦੁਆਰਾ। (ਸੁਰਤਰ) ਸਵਰਗ ਦਾ ਰੁੱਖ।	Naam Kith Sansaar Kiran Rav Surathar Saakheh ||	The Glory of the Naam shines forth, like the rays of the sun, and the branches of the Elysian Tree.	(ਜਿਵੇਂ) ਸੂਰਗ ਦੇ ਰੁੱਖ (ਮੌਲਸਰੀ) ਦੀਆਂ ਸ਼ਾਖ਼ਾਂ (ਖਿੱਲਰ ਕੇ ਸੁਗੰਧੀ ਖਿਲਾਰਦੀਆਂ ਹਨ), (ਤਿਵੇਂ) ਪਰਮਾਤਮਾ ਦੇ ਨਾਮ ਦੀ ਵਡਿਆਈ-ਰੂਪ ਸੂਰਜ ਦੀ ਕਿਰਣ ਦੇ ਜਗਤ ਵਿਚ (ਪ੍ਰਕਾਸ਼ ਕਰਨ ਦੇ ਕਾਰਨ)

59308	1393	ਉਤਰਿ ਦਖਿਣਿ ਪੁਬਿ ਦੇਸਿ ਪਸ੍ਚਮਿ ਜਸੁ ਭਾਖਹ॥	ਦ-ਖਿਣਿ	Outhar Dhakhin Pub Dhaes Pascham Jas Bhaakheh ||	In the countries of the north, south, east and west, the Praises of the Naam are chanted.	ਉੱਤਰ, ਦੱਖਣ, ਪੂਰਬ, ਪੱਛਮ ਦੇਸ ਵਿਚ (ਭਾਵ, ਸਭ ਪਾਸੀਂ) ਲੋਕ ਨਾਮ ਦਾ ਜਸ ਉਚਾਰ ਰਹੇ ਹਨ।
59309	1393	ਜਨਮੁ ਤ ਇਹੁ ਸਕਯਥੁ ਜਿਤੁ ਨਾਮੁ ਹਰਿ ਰਿਦੈ ਨਿਵਾਸੈ॥	ਸਕ-ਯਥੁ: ਯ ਤਾਲੂ ਤੋਂ ਬੋਲੋ। (ਸਕ-ਯਥੁ) ਸਕਾਰਥ, ਸਫਲਾ	Janam Th Eihu Sakayathh Jith Naam Har Ridhai Nivaasai ||	Life is fruitful, when the Name of the Lord abides in the heart.	ਉਹੀ ਜਨਮ ਸਕਾਰਥਾ ਹੈ ਜਿਸ ਵਿਚ ਪਰਮਾਤਮਾ ਦਾ ਨਾਮ ਹਿਰਦੇ ਵਿਚ ਵੱਸੇ।
59310	1393	ਸੁਰਿ ਨਰ ਗਣ ਗੰਧਰਬ ਛਿਅ ਦਰਸਨ ਆਸਾਸੈ॥		Sur Nar Gan Gandhharab Shhia Dharasan Aasaasai ||	The angelic beings, heavenly heralds, celestial singers and the six Shaastras yearn for the Naam.	ਇਸ ਨਾਮ ਨੂੰ ਦੇਵਤੇ, ਮਨੁੱਖ, ਗਣ, ਗੰਧਰਬ ਤੇ ਛੇ ਹੀ ਭੇਖ ਲੋਚ ਰਹੇ ਹਨ।
59311	1393	ਭਲਉ ਪ੍ਰਸਿਧੁ ਤੇਜੋ ਤਨੌ ਕਲ੍ਯ ਜੋੜਿ ਕਰ ਧ੍ਯਾਇਅਉ॥	ਬਾਬੇ (ਤੇਜੋ) ਤੇਜਭਾਨ ਜੀ ਦੇ। (ਤਨੌ) ਸਪੁੱਤ੍ਰ ਸਤਿਗੁਰੂ ਅਮਰਦਾਸ ਜੀ। ਪ੍ਰਸਿੱਧੁ, ਗੁਰਮੁਖਿ ਕਲ੍ਯ ਭੱਟ।ਕਲ੍ਯ: ਕੱਲਿਅ। ਧ੍ਯਾਇਅਉ: ਧਿਆਇਅਉ	Bhalo Prasidhh Thaejo Thana Kaly Jorr Kar Dhhyaaeiaou ||	The son of Tayj Bhaan of the Bhalla dynasty is noble and famous; with his palms pressed together, KALL meditates on Him.	ਤੇਜ ਭਾਨ ਜੀ ਦੇ ਪੁੱਤ੍ਰ, ਭੱਲਿਆਂ ਦੀ ਕੁਲ ਵਿਚ ਉੱਘੇ (ਗੁਰੂ ਅਮਰਦਾਸ ਜੀ ਨੂੰ) ਕਲਜਜ ਕਵੀ ਹੱਥ ਜੋੜ ਕੇ ਆਰਾਧਦਾ ਹੈ (ਤੇ ਆਖਦਾ ਹੈ)-

59312	1393	ਸੋਈ ਨਾਮੁ ਭਗਤ ਭਵਜਲ ਹਰਣੁ ਗੁਰ ਅਮਰਦਾਸ ਤੈ ਪਾਇਓ॥੫॥		Soee Naam Bhagath Bhavajal Haran Gur Amaradhaas Thai Paaeiou ||5||	The Naam takes away the fears of the devotees about the word-ocean; Guru Amar Daas has obtained it. ||5||	ਹੇ ਗੁਰੂ ਅਮਰਦਾਸ! ਭਗਤਾਂ ਦਾ ਜਨਮ-ਮਰਨ ਕੱਟਣ ਵਾਲਾ ਉਹੀ ਨਾਮ ਤੂੰ ਪਾ ਲਿਆ ਹੈ ॥੫॥
59313	1393	ਨਾਮੁ ਧਿਆਵਹਿ ਦੇਵ ਤੇਤੀਸ ਅਰੁ ਸਾਧਿਕ ਸਿਧ ਨਰ ਨਾਮਿ ਖੰਡ ਬ੍ਰਹਮੰਡ ਧਾਰੇ॥		Naam Dhhiaavehi Dhaev Thaethees Ar Saadhhik Sidhh Nar Naam Khandd Brehamandd Dhhaarae ||	The thirty-one million gods meditate on the Naam, along with the Siddhas and seekers; the Naam supports solar systems and galaxies.	ਪਰਮਾਤਮਾ ਦੇ ਨਾਮ ਨੂੰ ਤੇਤੀ ਕਰੋੜ ਦੇਵਤੇ ਸਾਧਿਕ ਸਿੱਧ ਤੇ ਮਨੁੱਖ ਧਿਆਉਂਦੇ ਹਨ। ਹਰੀ ਦੇ ਨਾਮ ਨੇ ਹੀ ਸਾਰੇ ਖੰਡ ਬ੍ਰਹਮੰਡ (ਭਾਵ, ਸਾਰੇ ਲੋਕ) ਟਿਕਾਏ ਹੋਏ ਹਨ।
59314	1393	ਜਹ ਨਾਮੁ ਸਮਾਧਿਓ ਹਰਖੁ ਸੋਗੁ ਸਮ ਕਰਿ ਸਹਾਰੇ॥	(ਸਮਾਧਿਓ) ਅਫੁਰ ਸਮਾਧੀ ਲਾ ਕੇ ਨਾਮ ਸਿਮਰਿਆ	Jeh Naam Samaadhhiou Harakh Sog Sam Kar Sehaarae ||	One who meditates on the Naam in Samaadhi, endures sorrow and joy as one and the same.	ਜਿਨ੍ਹਾਂ ਨੇ ਹਰੀ ਨਾਮ ਨੂੰ ਸਿਮਰਿਆ ਹੈ, ਉਨ੍ਹਾਂ ਨੇ ਖ਼ੁਸ਼ੀ ਤੇ ਚਿੰਤਾ ਨੂੰ ਇਕ ਸਮਾਨ ਜਰਿਆ ਹੈ।
59315	1393	ਨਾਮੁ ਸਿਰੋਮਣਿ ਸਰਬ ਮੈ ਭਗਤ ਰਹੇ ਲਿਵ ਧਾਰਿ॥		Naam Siroman Sarab Mai Bhagath Rehae Liv Dhhaar ||	The Naam is the most sublime of all; the devotees remain lovingly attuned to it.	(ਸਾਰੇ ਪਦਾਰਥਾਂ ਵਿਚੋਂ) ਸਰਬ-ਵਿਆਪਕ ਹਰੀ ਦਾ ਨਾਮ-ਪਦਾਰਥ ਉੱਤਮ ਹੈ, ਭਗਤ ਜਨ ਇਸ ਨਾਮ ਵਿਚ ਬ੍ਰਿਤੀ ਜੋੜ ਕੇ ਟਿਕ ਰਹੇ ਹਨ।

59316	1393	ਸੋਈ ਨਾਮੁ ਪਦਾਰਥੁ ਅਮਰ ਗੁਰ ਤੁਸਿ ਦੀਓ ਕਰਤਾਰਿ॥੬॥	(ਤੁੱਸਿ) ਪ੍ਰਸੰਨ ਹੋ ਕੇ	Soee Naam Padhaarathh Amar Gur Thus Dheeou Karathaar ||6||	Guru Amar Daas was blessed with the treasure of the Naam, by the Creator Lord, in His Pleasure. ||6||	ਹੇ ਗੁਰੂ ਅਮਰਦਾਸ! ਉਹੀ ਨਾਮ-ਪਦਾਰਥ ਕਰਤਾਰ ਨੇ ਪ੍ਰਸੰਨ ਹੋ ਕੇ (ਤੈਨੂੰ) ਦਿੱਤਾ ਹੈ ॥੬॥
59317	1393	ਸਤਿ ਸੂਰਉ ਸੀਲਿ ਬਲਵੰਤੁ ਸਤ ਭਾਇ ਸੰਗਤਿ ਸਘਨ ਗਰੂਅ ਮਤਿ ਨਿਰਵੈਰਿ ਲੀਣਾ॥	(ਸਤਿ) ਸੱਚੇ, ਨਿਸਚੇ। (ਭਾਇ) ਪ੍ਰੇਮ ਨਾਲ	Sath Sooro Seel Balavanth Sath Bhaae Sangath Saghan Garooa Math Niravair Leenaa ||	He is the Warrior Hero of Truth, humility is His Power. His Loving Nature inspires the Congregation with deep and profound understanding; He is absorbed in the Lord, free of hate and vengeance.	(ਗੁਰੂ ਅਮਰਦਾਸ) ਸੱਤਿ ਦਾ ਸੂਰਮਾ ਹੈ (ਭਾਵ, ਨਾਮ ਦਾ ਪੂਰਨ ਰਸੀਆ), ਸੀਲਵੰਤ ਹੈ, ਸ਼ਾਂਤ ਸੁਭਾਉ ਵਿਚ ਤਕੜਾ ਹੈ, ਵੱਡੀ ਸੰਗਤ ਵਾਲਾ ਹੈ, ਡੂੰਘੀ ਮੱਤ ਵਾਲਾ ਹੈ ਤੇ ਨਿਰਵੈਰ ਹਰੀ ਵਿਚ ਜੁੜਿਆ ਹੋਇਆ ਹੈ;

59318	1393	ਜਿਸੁ ਧੀਰਜੁ ਧੁਰਿ ਧਵਲੁ ਧੁਜਾ ਸੇਤਿ ਬੈਕੁੰਠ ਬੀਣਾ॥	(ਜਿਸੁ) ਜਿਨ੍ਹਾਂ ਨੇ ਧਰਮ ਰੂਪੀ (ਧਵਲੁ) ਧੌਲ ਨੂੰ ਧੁਰੋਂ ਹੀ ਧੀਰਜੁ ਦਿਤਾ ਹੈ। (ਸੇਤਿ) ਚਿੱਟੇ ਨਿਸ਼ਾਨ ਵਾਲੇ ਸੁਲਹ ਕੁਲ। (ਬੀਣਾ) ਸੁੰਦਰ	Jis Dhheeraj Dhhur Dhhaval Dhhujaa Saeth Baikunth Beenaa ||	Patience has been His white banner since the beginning of time, planted on the bridge to heaven.	ਜਿਸ ਦਾ (ਭਾਵ, ਗੁਰੂ ਅਮਰਦਾਸ ਜੀ ਦਾ) ਧੁਰ ਦਰਗਾਹ ਤੋਂ ਧੀਰਜ ਰੂਪ ਝੰਡਾ ਬੈਕੁੰਠ ਦੇ ਪੁਲ ਤੇ ਬਣਿਆ ਹੋਇਆ ਹੈ (ਭਾਵ, ਗੁਰੂ ਅਮਰਦਾਸ ਜੀ ਦੀ ਧੀਰਜ ਤੋਂ ਸਿਖਿਆ ਲੈ ਕੇ ਸੇਵਕ ਜਨ ਸੰਸਾਰ ਤੋਂ ਪਾਰ ਲੰਘ ਕੇ ਮੁਕਤ ਹੁੰਦੇ ਹਨ। ਗੁਰੂ ਅਮਰਦਾਸ ਜੀ ਦੀ ਧੀਰਜ ਸੇਵਕਾਂ ਦੀ, ਝੰਡਾ-ਰੂਪ ਹੋ ਕੇ, ਅਗਵਾਈ ਕਰ ਰਹੀ ਹੈ)।
59319	1393	ਪਰਸਹਿ ਸੰਤ ਪਿਆਰੁ ਜਿਹ ਕਰਤਾਰਹ ਸੰਜੋਗੁ॥		Parasehi Santh Piaar Jih Karathaareh Sanjog ||	The Saints meet their Beloved Guru, who is united with the Creator Lord.	ਜਿਸ (ਗੁਰੂ ਅਮਰਦਾਸ ਜੀ) ਦਾ ਕਰਤਾਰ ਨਾਲ ਸੰਜੋਗ ਬਣਿਆ ਹੋਇਆ ਹੈ, ਉਸ ਪਿਆਰ-ਸਰੂਪ ਗੁਰੂ ਨੂੰ ਸੰਤ ਜਨ ਪਰਸਦੇ ਹਨ,
59320	1393	ਸਤਿਗੁਰੂ ਸੇਵਿ ਸੁਖੁ ਪਾਇਓ ਅਮਰਿ ਗੁਰਿ ਕੀਤਓ ਜੋਗੁ॥੭॥		Sathiguroo Saev Sukh Paaeiou Amar Gur Keetho Jog ||7||	Serving the True Guru, they find peace; Guru Amar Daas has given them this ability. ||7||	ਸਤਿਗੁਰੂ ਨੂੰ ਸੇਵ ਕੇ ਸੁਖ ਪਾਂਦੇ ਹਨ, ਕਿਉਂਕਿ ਗੁਰੂ ਅਮਰਦਾਸ ਜੀ ਨੇ ਉਹਨਾਂ ਨੂੰ ਇਸ ਜੋਗ ਬਣਾ ਦਿੱਤਾ ॥੭॥

59321	1393	ਨਾਮੁ ਨਾਵਣੁ ਨਾਮੁ ਰਸ ਖਾਣੁ ਅਰੁ ਭੋਜਨੁ ਨਾਮ ਰਸੁ ਸਦਾ ਚਾਯ ਮੁਖਿ ਮਿਸ੍ਰ ਬਾਣੀ॥	ਨ੍ਾਵਣੁ। ਚਾ-ਯ: ਯ ਤਾਲੂ ਤੋਂ ਬੋਲੋ	Naam Naavan Naam Ras Khaan Ar Bhojan Naam Ras Sadhaa Chaay Mukh Mist Baanee ||	The Naam is His cleansing bath; the Naam is the food He eats; the Naam is the taste He enjoys. With deep yearning, He chants the Sweet Bani of the Guru's Word forever.	(ਗੁਰੂ ਅਮਰਦਾਸ ਲਈ) ਨਾਮ ਹੀ ਇਸ਼ਨਾਨ ਹੈ, ਨਾਮ ਹੀ ਰਸਾਂ ਦਾ ਖਾਣਾ ਪੀਣਾ ਹੈ, ਨਾਮ ਦਾ ਰਸ ਹੀ (ਉਹਨਾਂ ਲਈ) ਉਤਸ਼ਾਹ ਦੇਣ ਵਾਲਾ ਹੈ ਅਤੇ ਨਾਮ ਹੀ (ਉਹਨਾਂ ਦੇ) ਮੁਖ ਵਿਚ ਮਿੱਠੇ ਬਚਨ ਹਨ।
59322	1393	ਧਨਿ ਸਤਿਗੁਰੁ ਸੇਵਿਓ ਜਿਸੁ ਪਸਾਇ ਗਤਿ ਅਗਮ ਜਾਣੀ॥		Dhhan Sathigur Saeviou Jis Pasaae Gath Agam Jaanee ||	Blessed is service to the True Guru; by His Grace, the State of the Unfathomable Lord is known.	ਗੁਰੂ (ਅੰਗਦ ਦੇਵ) ਧੰਨ ਹੈ (ਜਿਸ ਨੂੰ ਗੁਰੂ ਅਮਰਦਾਸ ਜੀ ਨੇ) ਸੇਵਿਆ ਹੈ ਅਤੇ ਜਿਸ ਦੀ ਕ੍ਰਿਪਾ ਨਾਲ ਉਹਨਾਂ ਅਪਹੁੰਚ ਪ੍ਰਭੂ ਦਾ ਭੇਤ ਪਾਇਆ ਹੈ।
59323	1393	ਕੁਲ ਸੰਬੂਹ ਸਮੁਧਰੇ ਪਾਯਉ ਨਾਮ ਨਿਵਾਸੁ॥	(ਸ-ਮੁਧਰੇ) ਭਲੀ ਪ੍ਰਕਾਰ ਉਧਰੇ। ਪਾ-ਯਉ	Kul Sanbooh Samudhharae Paayo Naam Nivaas ||	All Your generations are totally saved; You dwell in the Naam, the Name of the Lord.	(ਗੁਰੂ ਅਮਰਦਾਸ ਜੀ ਨੇ) ਕਈ ਕੁਲਾਂ ਤਾਰ ਕਰ ਦਿੱਤੀਆਂ, (ਆਪ ਨੇ ਆਪਣੇ ਹਿਰਦੇ ਵਿਚ) ਨਾਮ ਦਾ ਨਿਵਾਸ ਪ੍ਰਾਪਤ ਕੀਤਾ ਹੈ।
59324	1394	ਸਕਯਥੁ ਜਨਮੁ ਕਲੂਚਰੈ ਗੁਰੁ ਪਰਸ੍ਰਿਉ ਅਮਰ ਪ੍ਰਗਾਸੁ॥੮॥	ਸਕ-ਯਥੁ: ਯ ਤਾਲੂ ਤੋਂ ਬੋਲੋ । ਪਰਸ੍ਰਿਉ: ਪਰਸਿਅਉ	Sakayathh Janam Kalyaacharai Gur Parasiyo Amar Pragaas ||8||	So speaks KALL: fruitful is the life of one who meets with Guru Amar Daas, radiant with the Light of God. ||8||	ਕਵੀ ਕਲਜਜਸਹਾਰ ਆਖਦਾ ਹੈ ਕਿ ਉਸ ਮਨੁੱਖ ਦਾ ਜਨਮ ਸਕਾਰਥਾ ਹੈ ਜਿਸ ਨੇ ਪ੍ਰਕਾਸ਼-ਸੂਰਪ ਗੁਰੂ ਅਮਰਦਾਸ ਜੀ ਨੂੰ ਪਰਸਿਆ ਹੈ ॥੮॥

59325	1394	ਬਾਰਿਜੁ ਕਰਿ ਦਾਹਿਣੈ ਸਿਧਿ ਸਨਮੁਖ ਮੁਖੁ ਜੋਵੈ॥	ਗੁਰੂ ਅਮਰਦਾਸ ਜੀ ਦੇ (ਦਾਹਿਣੈ) ਸੱਜੇ ਹੱਥ ਸੱਜੇ ਹੱਥ ਚ (ਬਾਰਿਜੁ) ਕਵਲ ਹੈ, ਸਿਧੀ ਮੁਕਤੀ ਮੁਖ ਕਮਲ ਨੂੰ ਤੱਕ ਰਹੀ ਹੈ	Baarij Kar Dhaahinai Sidhh Sanamukh Mukh Jovai ||	On His right hand is the sign of the lotus; the Siddhis, the supernatural spiritual powers, await His Command.	(ਗੁਰੂ ਅਮਰਦਾਸ ਜੀ ਦੇ) ਸੱਜੇ ਹੱਥ ਵਿਚ ਪਦਮ ਹੈ; ਸਿੱਧੀ (ਉਹਨਾਂ ਦੇ) ਮੂੰਹ ਨੂੰ ਸਾਹਮਣੇ ਹੋ ਕੇ ਤੱਕ ਰਹੀ ਹੈ;
59326	1394	ਰਿਧਿ ਬਸੈ ਬਾਂਵਾਂਗਿ ਜੁ ਤੀਨਿ ਲੋਕਾਂਤਰ ਮੋਹੈ॥	ਤਿੰਨਾਂ ਲੋਕਾਂਤਰ ਲੋਕਾਂ ਨੂੰ ਅੰਦਰੋਂ ਅੰਦਰੀਂ ਮੋਹ ਰਹੀ ਰਿੱਧੀ। (ਬਾਂਵਾਂਗਿ) ਖੱਬੇ ਪਾਸੇ ਖੜ੍ਹੀ ਹੈ	Ridhh Basai Baanvaang J Theen Lokaanthar Mohai ||	On His left are worldly powers, which fascinate the three worlds.	(ਆਪ ਦੇ) ਖੱਬੇ ਅੰਗ ਵਿਚ ਰਿੱਧੀ ਵੱਸ ਰਹੀ ਹੈ, ਜੋ ਤਿੰਨਾਂ ਲੋਕਾਂ ਨੂੰ ਮੋਹਦੀ ਹੈ।
59327	1394	ਰਿਦੈ ਬਸੈ ਅਕਹੀਉ ਸੋਇ ਰਸੁ ਤਿਨ ਹੀ ਜਾਤਉ॥	(ਅ-ਕੱਹੀਉ) ਕਥਨ ਰਹਿਤ ਪ੍ਰਮੇਸ਼ਰ। ਜਾ-ਤਉ	Ridhai Basai Akeheeo Soe Ras Thin Hee Jaatho ||	The Inexpressible Lord abides in His Heart; He alone knows this joy.	(ਗੁਰੂ ਅਮਰਦਾਸ ਜੀ ਦੇ) ਹਿਰਦੇ ਵਿਚ ਅਕੱਥ ਹਰੀ ਵੱਸ ਰਿਹਾ ਹੈ, ਇਸ ਆਨੰਦ ਨੂੰ ਉਸ (ਗੁਰੂ ਅਮਰਦਾਸ ਜੀ) ਨੇ ਆਪ ਹੀ ਜਾਣਿਆ ਹੈ।
59328	1394	ਮੁਖਹੁ ਭਗਤਿ ਉਚਰੈ ਅਮਰੁ ਗੁਰੁ ਇਤੁ ਰੰਗਿ ਰਾਤਉ॥	ਉੱਚਰੈ	Mukhahu Bhagath Oucharai Amar Gur Eith Rang Raatho ||	Guru Amar Daas utters the words of devotion, imbued with the Love of the Lord.	ਇਸ ਰੰਗ ਵਿਚ ਰੱਤਾ ਹੋਇਆ ਗੁਰੂ ਅਮਰਦਾਸ ਆਪਣੇ ਮੁਖ ਤੋਂ (ਅਕਾਲ ਪੁਰਖ ਦੀ) ਭਗਤੀ ਉਚਾਰ ਰਿਹਾ ਹੈ।

59329	1394	ਮਸਤਕਿ ਨੀਸਾਣੁ ਸਚਉ ਕਰਮੁ ਕਲ੍ਯ ਜੋੜਿ ਕਰਿ ਧ੍ਯਾਇਅਉ॥	ਗੁਰਮੁਖਿ ਕਲ੍ਯ ਭੱਟ। ਕਲ੍ਯ: ਕੱਲਿਅ। ਧ੍ਯਾਇਅਉ: ਧਿਆਇਅਉ	Masathak Neesaan Sacho Karam Kaly Jorr Kar Dhhyaaeiao ||	On His forehead is the true insignia of the Lord's Mercy; with his palms pressed together, KALL meditates on Him.	(ਗੁਰੂ ਅਮਰਦਾਸ ਜੀ ਦੇ) ਮੱਥੇ ਉੱਤੇ (ਪਰਮਾਤਮਾ ਦੀ) ਸੱਚੀ ਬਖ਼ਸ਼ਸ਼-ਰੂਪ ਨਿਸ਼ਾਨ ਹੈ। ਹੇ ਕਲਜਜ ਕਵੀ! ਹੱਥ ਜੋੜ ਕੇ (ਇਸ ਸਤਿਗੁਰੂ ਨੂੰ) ਜਿਸ ਮਨੁੱਖ ਨੇ ਧਿਆਇਆ ਹੈ,
59330	1394	ਪਰਸਿਅਉ ਗੁਰੂ ਸਤਿਗੁਰ ਤਿਲਕੁ ਸਰਬ ਇਛ ਤਿਨਿ ਪਾਇਅਉ॥੯॥	ਪਰ-ਸਿਅਉ। ਪਾਇਅਉ	Parasiao Guroo Sathigur Thilak Sarab Eishh Thin Paaeiao ||9||	Whoever meets with the Guru, the certified True Guru, has all his desires fulfilled. ||9||	ਤੇ ਇਸ ਸ਼ਿਰੋਮਣੀ ਸਤਿਗੁਰੂ ਨੂੰ ਪਰਸਿਆ ਹੈ, ਉਸ ਨੇ ਆਪਣੀਆਂ ਸਾਰੀਆਂ ਮਨੋ-ਕਾਮਨਾਂ ਪਾ ਲਈਆਂ ਹਨ ॥੯॥
59331	1394	ਚਰਣ ਤ ਪਰ ਸਕਯਥ ਚਰਣ ਗੁਰ ਅਮਰ ਪਵਲਿ ਰਯ॥	ਸਕ-ਯਥ: ਯ ਤਾਲੂ ਤੋਂ ਬੋਲੋ। (ਸਕਯਥ) ਸਕਾਰਥੇ, ਸਫਲੇ। (ਪਵੱਲਿ) ਪੈਂਦੇ ਹਨ। ਰ-ਯ: ਯ ਤਾਲੂ ਤੋਂ ਬੋਲੋ। (ਰਯ) ਰਸਤੇ।	Charan Th Par Sakayathh Charan Gur Amar Paval Ray ||	Supremely fruitful are the feet which walk upon the path of Guru Amar Daas.	ਉਹੀ ਚਰਨ ਚੰਗੀ ਤਰ੍ਹਾਂ ਸਕਾਰਥੇ ਹਨ, ਜੋ ਚਰਨ ਗੁਰੂ ਅਮਰਦਾਸ ਜੀ ਦੇ ਰਾਹ ਤੇ ਤੁਰਦੇ ਹਨ।
59332	1394	ਹਥ ਤ ਪਰ ਸਕਯਥ ਹਥ ਲਗਹਿ ਗੁਰ ਅਮਰ ਪਯ॥	ਪ-ਯ	Hathh Th Par Sakayathh Hathh Lagehi Gur Amar Pay ||	Supremely fruitful are the hands which touch the feet of Guru Amar Daas.	ਉਹੀ ਹੱਥ ਸਫਲੇ ਹਨ, ਜੋ ਹੱਥ ਗੁਰੂ ਅਮਰਦਾਸ ਜੀ ਦੇ ਚਰਨਾਂ ਤੇ ਲੱਗਦੇ ਹਨ।

59333	1394	ਜੀਹ ਤ ਪਰ ਸਕਯਥ ਜੀਹ ਗੁਰ ਅਮਰੁ ਭਣਿਜੈ॥	ਭਣਿੱਜੈ	Jeeh Th Par Sakayathh Jeeh Gur Amar Bhanijai ||	Supremely fruitful is the tongue which utters the praises of Guru Amar Daas.	ਉਹੀ ਜੀਭ ਸਕਾਰਥੀ ਹੈ, ਜੋ ਗੁਰੂ ਅਮਰਦਾਸ ਜੀ ਨੂੰ ਸਲਾਹੁੰਦੀ ਹੈ।
59334	1394	ਨੈਣ ਤ ਪਰ ਸਕਯਥ ਨਯਣਿ ਗੁਰੁ ਅਮਰੁ ਪਿਖਿਜੈ॥	ਨ-ਯ-ਣਿ: ਯ ਤਾਲੂ ਤੋਂ ਬੋਲੋ। ਪਿੱਖਿਜੈ	Nain Th Par Sakayathh Nayan Gur Amar Pikhijai ||	Supremely fruitful are the eyes which behold Guru Amar Daas.	ਉਹੀ ਅੱਖਾਂ ਸਫਲ ਹਨ ਜਿਨ੍ਹਾਂ ਅੱਖਾਂ ਨਾਲ ਗੁਰੂ ਅਮਰਦਾਸ ਜੀ ਨੂੰ ਵੇਖੀਏ।
59335	1394	ਸ੍ਰਵਣ ਤ ਪਰ ਸਕਯਥ ਸ੍ਰਵਣਿ ਗੁਰੁ ਅਮਰੁ ਸੁਣਿਜੈ॥		Sravan Th Par Sakayathh Sravan Gur Amar Sunijai ||	Supremely fruitful are the ears which hear the Praises of Guru Amar Daas.	ਉਹੀ ਕੰਨ ਸਫਲ ਹਨ, ਜਿਨ੍ਹਾਂ ਕੰਨਾਂ ਨਾਲ ਗੁਰੂ ਅਮਰਦਾਸ ਜੀ ਦੀ ਸੋਭਾ ਸੁਣੀ ਜਾਂਦੀ ਹੈ।
59336	1394	ਸਕਯਥੁ ਸੁ ਹੀਉ ਜਿਤੁ ਹੀਅ ਬਸੈ ਗੁਰ ਅਮਰਦਾਸੁ ਨਿਜ ਜਗਤ ਪਿਤ॥		Sakayathh S Heeo Jith Heea Basai Gur Amaradhaas Nij Jagath Pith ||	Fruitful is the heart in which Guru Amar Daas, the Father of the world, Himself abides.	ਉਹੀ ਹਿਰਦਾ ਸਕਾਰਥਾ ਹੈ, ਜਿਸ ਹਿਰਦੇ ਵਿਚ ਜਗਤ ਦਾ ਪਿਤਾ ਪਿਆਰਾ ਗੁਰੂ ਅਮਰਦਾਸ ਜੀ ਵੱਸਦਾ ਹੈ।

59337	1394	ਸਕਯਥੁ ਸੁ ਸਿਰੁ ਜਾਲਪੁ ਭਣੈ ਜੁ ਸਿਰੁ ਨਿਵੈ ਗੁਰ ਅਮਰ ਨਿਤ॥੧॥੧੦॥	ਗੁਰਮੁਖਿ ਜਾਲਪੁ ਭੱਟ।	Sakayathh S Sir Jaalap Bhanai J Sir Nivai Gur Amar Nith ||1||10||	Fruitful is the head, says Jaalap, which bows forever before Guru Amar Daas. ||1||10||	ਜਾਲਪ ਕਵੀ ਆਖਦਾ ਹੈ ਕਿ ਉਹੀ ਸਿਰ ਸਫਲ ਹੈ, ਜੋ ਸਿਰ ਸਦਾ ਗੁਰੂ ਅਮਰਦਾਸ ਜੀ ਦੇ ਅੱਗੇ ਨਿਉਂਦਾ ਹੈ ॥੧॥੧੦॥
59338	1394	ਤਿ ਨਰ ਦੁਖ ਨਹ ਭੁਖ ਤਿ ਨਰ ਨਿਧਨ ਨਹੁ ਕਹੀਅਹਿ॥	(ਨਿ-ਧਨ) ਨਿਰਧਨ, ਕਹੀ-ਅਹਿ	Th Nar Dhukh Neh Bhukh Th Nar Nidhhan Nahu Keheeahi ||	They do not suffer pain or hunger, and they cannot be called poor.	ਉਹਨਾਂ ਮਨੁੱਖਾਂ ਨੂੰ ਨਾਹ ਕੋਈ ਦੁੱਖ ਹੈ ਨਾਹ ਭੁੱਖ, ਉਹ ਮਨੁੱਖ ਕੰਗਾਲ ਨਹੀਂ ਕਹੇ ਜਾ ਸਕਦੇ;
59339	1394	ਤਿ ਨਰ ਸੋਕੁ ਨਹੁ ਹੂਐ ਤਿ ਨਰ ਸੇ ਅੰਤੁ ਨ ਲਹੀਅਹਿ॥		Th Nar Sok Nahu Huai Th Nar Sae Anth N Leheeahi ||	They do not grieve, and their limits cannot be found.	ਉਹਨਾਂ ਮਨੁੱਖਾਂ ਨੂੰ ਕੋਈ ਚਿੰਤਾ ਨਹੀਂ ਵਿਆਪਦੀ; ਉਹ ਮਨੁੱਖ ਅਜਿਹੇ ਹਨ ਕਿ ਉਹਨਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ।
59340	1394	ਤਿ ਨਰ ਸੇਵ ਨਹੁ ਕਰਹਿ ਤਿ ਨਰ ਸਯ ਸਹਸ ਸਮਪਹਿ॥	ਪੂਰਨ ਗੁਰੂ ਜੀ ਬਿਨ, ਹੋਰ ਦੰਭੀ ਦੀ ਸੇਵ ਨਹੀਂ ਕਰਦੇ। ਸ-ਯ: ਯ ਤਾਲੂ ਤੋਂ ਬੋਲੋ। (ਸਯ) ਸੈਂਕੜੇ ਮਨੁੱਖਾਂ ਨੂੰ। (ਸਹਸ) ਹਜ਼ਾਰਾਂ ਪਦਾਰਥ। (ਸ-ਮਪਹਿ) ਅਰਪ ਦਿੰਦੇ ਹਨ	Th Nar Saev Nahu Karehi Th Nar Say Sehas Samapehi ||	They do not serve anyone else, but they give gifts to hundreds and thousands.	ਉਹ ਮਨੁੱਖ ਕਿਸੇ ਦੀ ਮੁਥਾਜੀ ਨਹੀਂ ਕਰਦੇ, ਉਹ ਮਨੁੱਖ (ਤਾਂ ਆਪ) ਸੈਂਕੜੇ ਹਜ਼ਾਰਾਂ (ਪਦਾਰਥ ਹੋਰਨਾਂ ਮਨੁੱਖਾਂ ਨੂੰ) ਦੇਂਦੇ ਹਨ;

59341	1394	ਤਿ ਨਰ ਦੁਲੀਚੈ ਬਹਹਿ ਤਿ ਨਰ ਉਥਪਿ ਬਿਥਪਹਿ॥	ਉ-ਥਪਿ ਬਿ-ਥਪਹਿ	Th Nar Dhuleechai Behehi Th Nar Outhhap Bithhapehi ||	They sit on beautiful carpets; they establish and disestablish at will.	ਗ਼ਲੀਚੇ ਤੇ ਬੈਠਦੇ ਹਨ (ਭਾਵ, ਰਾਜ ਮਾਣਦੇ ਹਨ) ਅਤੇ ਉਹ ਮਨੁੱਖ (ਔਗੁਣਾਂ ਨੂੰ ਹਿਰਦੇ ਵਿਚੋਂ) ਪੁੱਟ ਕੇ (ਸ਼ੁਭ ਗੁਣਾਂ ਨੂੰ ਹਿਰਦੇ ਵਿਚ) ਟਿਕਾਉਂਦੇ ਹਨ।
59342	1394	ਸੁਖ ਲਹਹਿ ਤਿ ਨਰ ਸੰਸਾਰ ਮਹਿ ਅਭੈ ਪਟੁ ਰਿਪ ਮਧਿ ਤਿਹ॥	(ਪਟੁ) ਚਤੁਰ। (ਰਿਪ) ਵੈਰੀਆਂ (ਮਧਿ) ਵਿੱਚ। ਅ-ਭੈ, ਪਟੁ, ਮਧਿ: ਪੋਲੇ ਬੋਲੋ	Sukh Lehehi Th Nar Sansaar Mehi Abhai Patt Rip Madhh Thih ||	They find peace in this world, and live fearlessly amidst their enemies.	ਉਹ ਮਨੁੱਖ ਸੰਸਾਰ ਵਿਚ ਸੁਖ ਮਾਣਦੇ ਹਨ, (ਕਾਮਾਦਿਕ) ਵੈਰੀਆਂ ਦੇ ਵਿਚ ਨਿਰਭੈਤਾ ਦਾ ਬਸਤ੍ਰ ਪਾਈ ਰੱਖਦੇ ਹਨ (ਭਾਵ, ਨਿਰਭੈ ਰਹਿੰਦੇ ਹਨ)।
59343	1394	ਸਕਯਥ ਤਿ ਨਰ ਜਾਲਪੁ ਭਣੈ ਗੁਰ ਅਮਰਦਾਸੁ ਸੁਪ੍ਰਸੰਨੁ ਜਿਹ॥੨॥੧੧॥	ਗੁਰਮੁਖਿ ਜਾਲਪੁ ਭੱਟ। ਸੁਪ੍ਰਸੰਨ। ਸਕ-ਯਥ: ਯ ਤਾਲੂ ਤੋਂ ਬੋਲ	Sakayathh Th Nar Jaalap Bhanai Gur Amaradhaas Suprasann Jih ||2||11||	They are fruitful and prosperous, says Jaalap. Guru Amar Daas is pleased with them. ||2||11||	ਜਾਲਪ ਕਵੀ ਆਖਦਾ ਹੈ ਕਿ "ਜਿਨ੍ਹਾਂ ਮਨੁੱਖਾਂ ਉਤੇ ਗੁਰੂ ਅਮਰਦਾਸ ਜੀ ਪ੍ਰਸੰਨ ਹਨ, ਉਹ ਮਨੁੱਖ ਸਫਲ ਹਨ (ਭਾਵ, ਉਹਨਾਂ ਦਾ ਜਨਮ ਸਫਲਾ ਹੈ)" ॥੨॥੧੧॥
59344	1394	ਤੈ ਪਢਿਅਉ ਇਕੁ ਮਨਿ ਧਰਿਅਉ ਇਕੁ ਕਰਿ ਇਕੁ ਪਛਾਣਿਓ॥	ਪਢਿ-ਅਉ। ਧਰਿ-ਅਉ	Thai Padtiao Eik Man Dhhariao Eik Kar Eik Pashhaaniou ||	You read about the One Lord, and enshrine Him in Your mind; You realize the One and Only Lord.	(ਹੇ ਗੁਰੂ ਅਮਰਦਾਸ!) ਤੂੰ ਇਕ ਅਕਾਲ ਪੁਰਖ ਨੂੰ ਹੀ ਪੜ੍ਹਿਆ ਹੈ, ਤੂੰ (ਆਪਣੇ) ਮਨ ਵਿਚ ਇੱਕ ਨੂੰ ਹੀ ਸਿਮਰਿਆ ਹੈ, ਅਤੇ ਇਹੀ ਨਿਸਚੇ ਕੀਤਾ ਹੈ ਕਿ ਅਕਾਲ ਪੁਰਖ ਆਪ ਹੀ ਆਪ ਹੈ (ਭਾਵ, ਕੋਈ ਦੂਜਾ ਉਸ ਜਿਹਾ ਨਹੀਂ ਹੈ);

59345	1394	ਨਯਨਿ ਬਯਨਿ ਮੁਹਿ ਇਕੁ ਇਕੁ ਦੁਹੁ ਠਾਂਇ ਨ ਜਾਨਿਓ॥	(ਮੁਹਿ) ਮੂੰਹ ਚ ।ਯ ਤਾਲੂ ਤੋਂ ਬੋਲੋ। ਨ-ਯ-ਨਿ, ਬ-ਯ-ਨਿ: ਯਯੇ ਬੋਲੋ	Nayan Bayan Muhi Eik Eik Dhuhu Thaane N Jaaniou ||	With Your eyes and the words You speak, You dwell upon the One Lord; You do not know any other place of rest.	(ਤੇਰੀ) ਦ੍ਰਿਸ਼ਟੀ ਵਿਚ, (ਤੇਰੇ) ਬਚਨ ਵਿਚ, ਅਤੇ (ਤੇਰੇ) ਮੂੰਹ ਵਿਚ ਕੇਵਲ ਅਕਾਲ ਪੁਰਖ ਹੀ ਅਕਾਲ ਪੁਰਖ ਹੈ, ਤੂੰ ਦੂਜਾ-ਪਨ ਨੂੰ (ਭਾਵ, ਇਸ ਖ਼ਿਆਲ ਨੂੰ ਕਿ ਅਕਾਲ ਪੁਰਖ ਤੋਂ ਬਿਨਾਂ ਕੋਈ ਹੋਰ ਭੀ ਦੂਜਾ ਹੈ) ਆਪਣੇ ਹਿਰਦੇ ਵਿਚ ਜਾਤਾ ਹੀ ਨਹੀਂ ਹੈ।
59346	1394	ਸੁਪਨਿ ਇਕੁ ਪਰਤਖਿ ਇਕੁ ਇਕਸ ਮਹਿ ਲੀਣਉ॥	ਪਰਤੱਖਿ	Supan Eik Parathakh Eik Eikas Mehi Leeno ||	You know the One Lord while dreaming, and the One Lord while awake. You are absorbed in the One.	ਉਸ ਇੱਕ ਪਰਮਾਤਮਾ ਨੂੰ, (ਹੇ ਗੁਰੂ ਅਮਰਦਾਸ!) ਤੂੰ ਸੁਫ਼ਨੇ ਵਿਚ ਭੀ ਅਤੇ ਜਾਗਦਿਆਂ ਭੀ (ਸਿਮਰਦਾ ਹੈਂ), ਤੂੰ ਉਸ ਇੱਕ ਵਿਚ ਹੀ (ਸਦਾ) ਲੀਨ ਰਹਿੰਦਾ ਹੈਂ,
59347	1394	ਤੀਸ ਇਕੁ ਅਰੁ ਪੰਜਿ ਸਿਧੁ ਪੈਤੀਸ ਨ ਖੀਣਉ॥	(ਤੀਸ) ਇਕੁ ਪੰਜਿ ਪੈਤੀਸ, ੭੧ ਸਾਲ ਦੀ ਬਜ਼ੁਰਗ ਅਵਸਥਾ ਨੂੰ (ਸਿਧੁ) ਪ੍ਰਾਪਤਿ ਹੋ ਕੇ, ਮਹਾਰਾਜ ਸਾਹਿਬ ਜੀ ਦੀ ਸੱਚੀ ਸ਼ਰਨ ਚ ਆਏ। ਸੇਵਾ ਸਫ਼ਾਈ ਕਰਦਿਆਂ (ਖਣਿਉ) ਹੀਣਤਾਈ ਗਲਿਆਨੀ ਨਹੀਂ ਮੰਨੀ ਬਈ ਬਦਬੋ ਆਉਂਦੀ ਹੈ	Thees Eik Ar Panj Sidhh Paithees N Kheeno ||	At the age of seventy-one, You began to march towards the Indestructible Lord.	ਜੋ ਅਕਾਲ ਪੁਰਖ ਤ੍ਰੀਹਾਂ (ਦਿਨਾਂ ਵਿਚ, ਭਾਵ, ਮਹੀਨੇ ਸਾਲ ਸਦੀਆਂ ਜੁਗਾਂ ਵਿਚ ਸਦਾ ਹਰ ਸਮੇਂ) ਵਿਚ ਇਕੋ ਹੀ ਹੈ, ਜੋ ਅਕਾਲ ਪੁਰਖ ਪੰਜਾਂ ਤੱਤਾਂ ਦੇ ਸਮੂਹ ਵਿਚ (ਭਾਵ, ਸਾਰੇ ਜਗਤ ਵਿਚ) ਪਰਗਟ ਹੈ, ਜੋ ਅਬਿਨਾਸ਼ੀ ਪ੍ਰਭੂ ਪੈਂਤੀ (ਅੱਖਰਾਂ ਵਿਚ, ਭਾਵ, ਸਾਰੀ ਹੀ ਬਾਣੀ ਵਿਚ ਜੋ ਇਹਨਾਂ ਅੱਖਰਾਂ ਦੁਆਰਾ ਲਿਖਤ ਵਿਚ ਆਈ ਹੈ) ਮੌਜੂਦ ਹੈ।

59348	1394	ਇਕਹੁ ਜਿ ਲਾਖੁ ਲਖਹੁ ਅਲਖੁ ਹੈ ਇਕੁ ਇਕੁ ਕਰਿ ਵਰਨਿਅਉ॥		Eikahu J Laakh Lakhahu Alakh Hai Eik Eik Kar Varaniao ||	The One Lord, who takes hundreds of thousands of forms, cannot be seen. He can only be described as One.	ਜਿਸ ਇੱਕ ਹਰੀ ਤੋਂ ਲੱਖਾਂ ਜੀਵ ਬਣੇ ਹਨ, ਅਤੇ ਜੋ ਇਹਨਾਂ ਲੱਖਾਂ ਜੀਆਂ ਦੀ ਸਮਝ ਤੋਂ ਪਰੇ ਹੈ, ਉਸ ਇੱਕ ਨੂੰ (ਹੇ ਗੁਰੂ ਅਮਰਦਾਸ!) ਤੂੰ ਇੱਕ (ਅਦੁਤੀ) ਕਰਕੇ ਹੀ ਵਰਣਨ ਕੀਤਾ ਹੈ।
59349	1394	ਗੁਰ ਅਮਰਦਾਸ ਜਾਲਪੁ ਭਣੈ ਤੂ ਇਕੁ ਲੋੜਹਿ ਇਕੁ ਮੰਨਿਅਉ॥੩॥੧੨॥	ਗੁਰਮੁਖਿ ਜਾਲਪੁ ਭੱਟ	Gur Amaradhaas Jaalap Bhanai Thoo Eik Lorrehi Eik Manniao ||3||12||	So speaks Jaalap: O Guru Amar Daas, You long for the One Lord, and believe in the One Lord alone. ||3||12||	ਜਾਲਪ ਭੱਟ ਆਖਦਾ ਹੈ ਕਿ ਹੇ ਗੁਰੂ ਅਮਰਦਾਸ! ਤੂੰ ਇੱਕ ਅਕਾਲ ਪੁਰਖ ਨੂੰ ਹੀ ਮੰਗਦਾ ਹੈਂ ਅਤੇ ਇੱਕ ਨੂੰ ਹੀ ਮੰਨਦਾ ਹੈਂ ॥੩॥੧੨॥
59350	1394	ਜਿ ਮਤਿ ਗਹੀ ਜੈਦੇਵਿ ਜਿ ਮਤਿ ਨਾਮੈ ਸੰਮਾਣੀ॥		J Math Gehee Jaidhaev J Math Naamai Sanmaanee ||	The understanding which Jai Dayv grasped, the understanding which permeated Naam Dayv,	ਜਿਹੜੀ ਮੱਤ ਜੈਦੇਵ ਨੇ ਸਿੱਖੀ, ਜਿਹੜੀ ਮੱਤ ਨਾਮਦੇਵ ਵਿਚ ਸਮਾਈ ਹੋਈ ਸੀ,
59351	1394	ਜਿ ਮਤਿ ਤ੍ਰਿਲੋਚਨ ਚਿਤਿ ਭਗਤ ਕੰਬੀਰਹਿ ਜਾਣੀ॥		J Math Thrilochan Chith Bhagath Kanbeerehi Jaanee ||	The understanding which was in the consciousness of Trilochan and known by the devotee Kabeer,	ਜੋ ਮੱਤ ਤ੍ਰਿਲੋਚਨ ਦੇ ਹਿਰਦੇ ਵਿਚ ਸੀ, ਜਿਹੜੀ ਮੱਤ ਕਬੀਰ ਭਗਤ ਨੇ ਸਮਝੀ ਸੀ,

59352	1394	ਰੁਕਮਾਂਗਦ ਕਰਤੂਤਿ ਰਾਮੁ ਜੰਪਹੁ ਨਿਤ ਭਾਈ॥	ਨੇਕ ਸਾਊ ਧਰਮਾਤਮਾ ਰਾਜੇ ਰੁਕਮਾਂਗਦ ਨੂੰ ਛਲਣ ਲਈ, ਇਨ੍ਹਾਂ ਦੇ ਬਾਗ਼ ਚ , ਅਤਿਅੰਤ ਹੀ ਸੁੰਦਰ ਨਾਰੀ ਪਹੁੰਚੀ। ਜਿਸ ਨੂੰ ਦੇਖਣ ਵਾਲੇ ਸਾਰੇ ਹੀ ਮੋਹਿਤ ਹੋ ਗਏ। ਸਿਮਰਨ ਚ ਲੀਣ ਰਾਜੇ ਦਾ ਚਿੱਤ ਅਡੋਲ ਰਿਹਾ, ਐਸੇ ਗੁਰਮੁਖਿ ਰਾਜੇ ਵਾਂਗ ਨਾਮ ਜਪੋ ਜੀ ਪਿਆਰੇ।	Rukamaangadh Karathooth Raam Janpahu Nith Bhaaee ||	By which Rukmaangad constantly meditated on the Lord, O Siblings of Destiny,	ਜਿਸ ਮੱਤ ਦਾ ਸਦਕਾ ਰੁਕਮਾਂਗਦ ਦੀ ਕਾਰ ਇਹ ਸੀ (ਕਿ ਆਪ ਜਪਦਾ ਸੀ ਤੇ ਹੋਰਨਾਂ ਨੂੰ ਆਖਦਾ ਸੀ) ਹੇ ਭਾਈ! ਨਿੱਤ ਰਾਮ ਨੂੰ ਸਿਮਰੋ,
59353	1394	ਅੰਮਰੀਕ ਪ੍ਰਹਲਾਦਿ ਸਰਣਿ ਗੋਬਿੰਦ ਗਤਿ ਪਾਈ॥	ਪ੍ਰ-ਹਲਾ-ਦਿ	Anmareek Prehalaadh Saran Gobindh Gath Paaee ||	Which brought Ambreek and Prahlaad to seek the Sanctuary of the Lord of the Universe, and which brought them to salvation	ਜਿਸ ਮੱਤ ਦੁਆਰਾ ਅੰਬਰੀਕ ਤੇ ਪ੍ਰਹਲਾਦ ਨੇ ਗੋਬਿੰਦ ਦੀ ਸਰਨ ਪੈ ਕੇ ਉੱਚੀ ਆਤਮਕ ਅਵਸਥਾ ਲੱਭੀ ਸੀ,
59354	1394	ਤੈ ਲੋਭੁ ਕ੍ਰੋਧੁ ਤ੍ਰਿਸਨਾ ਤਜੀ ਸੁਮਤਿ ਜਲ੍ਹ ਜਾਣੀ ਜੁਗਤਿ॥	ਸੁ-ਮੱਤਿ, ਗੁਰਮੁਖਿ ਜਲ੍ਹ ਭੱਟ। ਜਲ੍ਹ: ਜੱਲਿਅ	Thai Lobh Krodhh Thrisanaa Thajee S Math Jaly Jaanee Jugath ||	Says JALL that sublime understanding has brought You to renounce greed, anger and desire, and to know the way.	(ਹੇ ਗੁਰੂ ਅਮਰਦਾਸ!) ਜਲਜਜ (ਆਖਦਾ ਹੈ) ਤੂੰ ਉਸ ਮੱਤ ਦੀ ਜੁਗਤੀ ਜਾਣ ਲਈ ਹੈ ਤੂੰ ਲੋਭ ਕ੍ਰੋਧ ਤੇ ਤ੍ਰਿਸਨਾ ਤਿਆਗ ਦਿੱਤੇ ਹਨ।

59355	1394	ਗੁਰੁ ਅਮਰਦਾਸੁ ਨਿਜ ਭਗਤੁ ਹੈ ਦੇਖਿ ਦਰਸੁ ਪਾਵਉ ਮੁਕਤਿ॥੪॥੧੩॥		Gur Amaradhaas Nij Bhagath Hai Dhaekh Dharas Paavo Mukath ||4||13||	Guru Amar Daas is the Lord's own devotee; gazing upon the Blessed Vision of His Darshan, one is liberated. ||4||13||	ਗੁਰੂ ਅਮਰਦਾਸ ਅਕਾਲ ਪੁਰਖ ਦਾ ਪਿਆਰਾ ਭਗਤ ਹੈ। ਮੈਂ (ਉਸ ਦਾ) ਦਰਸ਼ਨ ਦੇਖ ਕੇ ਵਿਕਾਰਾਂ ਤੋਂ ਖ਼ਲਾਸੀ ਹਾਸਲ ਕਰਦਾ ਹਾਂ ॥੪॥੧੩॥
59356	1394	ਗੁਰੁ ਅਮਰਦਾਸੁ ਪਰਸੀਐ ਪੁਹਮਿ ਪਾਤਿਕ ਬਿਨਾਸਹਿ॥	(ਪੁਹਮਿ) ਧਰਤੀ। (ਪਾਤਿਕ ਪਾਪ) ,ਬਿਨਾਸ-ਹਿ	Gur Amaradhaas Paraseeai Puham Paathik Binaasehi ||	Meeting with Guru Amar Daas, the earth is purged of its sin.	(ਆਓ) ਗੁਰੂ ਅਮਰਦਾਸ (ਜੀ ਦੇ ਚਰਨਾਂ) ਨੂੰ ਪਰਸੀਏ, (ਗੁਰੂ ਅਮਰਦਾਸ ਦੇ ਚਰਨ ਪਰਸਨ ਨਾਲ) ਧਰਤੀ ਦੇ ਪਾਪ ਦੂਰ ਹੋ ਜਾਂਦੇ ਹਨ।
59357	1394	ਗੁਰੁ ਅਮਰਦਾਸੁ ਪਰਸੀਐ ਸਿਧ ਸਾਧਿਕ ਆਸਾਸਹਿ॥	(ਪਰਸੀਐ) ਦਰਸ਼ਨ ਦੇਖੀਏ, ਚਰਨ ਛੋਹੀਏ। (ਆ-ਸਾਸ-ਹਿ) ਚਾਹੁੰਦੇ ਹਨ, ਸੰਸੇ ਰਹਿਤ ਹੁੰਦੇ ਹਨ	Gur Amaradhaas Paraseeai Sidhh Saadhhik Aasaasehi ||	The Siddhas and seekers long to meet with Guru Amar Daas.	ਗੁਰੂ ਅਮਰਦਾਸ ਜੀ ਨੂੰ ਪਰਸੀਏ, (ਗੁਰੂ ਅਮਰਦਾਸ ਦੇ ਚਰਨ ਪਰਸਨ ਨੂੰ) ਸਿਧ ਤੇ ਸਾਧਿਕ ਲੋਚਦੇ ਹਨ।
59358	1394	ਗੁਰੁ ਅਮਰਦਾਸੁ ਪਰਸੀਐ ਧਿਆਨੁ ਲਹੀਐ ਪਉ ਮੁਕਿਹਿ॥	(ਪਉ) ਪਾ ਲਈਦੀ ਹੈ।(ਮੁਕਿ-ਹਿ) ਮੁਕਤੀ	Gur Amaradhaas Paraseeai Dhhiaan Leheeai Po Mukihi ||	Meeting with Guru Amar Daas, the mortal meditates on the Lord, and his journey comes to its end.	ਗੁਰੂ ਅਮਰਦਾਸ (ਜੀ ਦੇ ਚਰਨਾਂ) ਨੂੰ ਪਰਸੀਏ, (ਇਸ ਤਰ੍ਹਾਂ ਪਰਮਾਤਮਾ ਵਾਲਾ) ਧਿਆਨ ਪ੍ਰਾਪਤ ਹੁੰਦਾ ਹੈ (ਭਾਵ, ਪਰਮਾਤਮਾ ਵਿਚ ਬ੍ਰਿਤੀ ਜੁੜਦੀ ਹੈ) ਤੇ (ਜਨਮ ਮਰਨ ਦੇ) ਸਫ਼ਰ ਮੁੱਕ ਜਾਂਦੇ ਹਨ।

59359	1394	ਗੁਰ ਅਮਰਦਾਸੁ ਪਰਸੀਐ ਅਭਉ ਲਭੈ ਗਉ ਚੁਕਿਹਿ॥	(ਅਬਉ) ਚੁੱਕਿਹਿ	Gur Amaradhaas Paraseeai Abho Labhai Go Chukihi ||	Meeting with Guru Amar Daas, the Fearless Lord is obtained, and the cycle of reincarnation is brought to an end.	ਗੁਰੂ ਅਮਰਦਾਸ ਜੀ ਨੂੰ ਪਰਸੀਏ, (ਇਸ ਤਰ੍ਹਾਂ) ਨਿਰਭਉ ਅਕਾਲ ਪੁਰਖ ਮਿਲ ਪੈਂਦਾ ਹੈ ਤੇ ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ।
59360	1395	ਇਕੁ ਬਿੰਨਿ ਦੁਗਣ ਜੁ ਤਉ ਰਹੈ ਜਾ ਸੁਮੰਤ੍ਰਿ ਮਾਨਵਹਿ ਲਹਿ॥	(ਬਿੰਨਿ) ਦੇਖ ਲੈਂਦਾ ਹੈ।ਜੁ ਪੁਰਖ ਹੈ। ਦੁ-ਗਣ ਦੁ ਦ੍ਵੈਤ ਦੀ ਗਣ ਗਿਣਤੀ । ਰਹੈ ਰਹਿਤ ਹੁੰਦਾ ਹੈ। ਮਾਨਵ-ਹਿ ਮਨੁੱਖ	Eik Binn Dhugan J Tho Rehai Jaa Sumanthr Maanavehi Lehi ||	Realizing the One Lord, love of duality ceases, and one comes to accept the Sublime Mantra of the Guru.	ਜੋ ਦੂਜਾ ਭਾਉ ਹੈ ਉਹ ਤਦੋਂ ਹੀ ਦੂਰ ਹੁੰਦਾ ਹੈ ਜਦੋਂ ਮਨੁੱਖ ਗੁਰੂ ਦੇ ਸ੍ਰੇਸ਼ਟ ਉਪਦੇਸ਼ ਦੀ ਰਾਹੀਂ ਇਕ ਪਰਮਾਤਮਾ ਨੂੰ ਪਛਾਣ ਕੇ ਪ੍ਰਾਪਤ ਕਰ ਲੈਂਦੇ ਹਨ।
59361	1395	ਜਾਲਪਾ ਪਦਾਰਥ ਇਤੜੇ ਗੁਰ ਅਮਰਦਾਸਿ ਡਿਠੈ ਮਿਲਹਿ॥੫॥੧੪॥	ਗੁਰਮੁਖਿ ਜਾਲਪਾ ਭੱਟ	Jaalapaa Padhaarathh Eitharrae Gur Amaradhaas Ddithai Milehi ||5||14||	So speaks Jaalap: countless treasures are obtained, by the sight of Guru Amar Daas. ||5||14||	ਹੇ ਜਾਲਪ! ਇਹ ਸਾਰੇ ਪਦਾਰਥ (ਜੋ ਉੱਪਰ ਦੱਸੇ ਹਨ) ਸਤਿਗੁਰੂ ਅਮਰਦਾਸ ਜੀ ਦੇ ਡਿੱਠਿਆਂ ਮਿਲ ਜਾਂਦੇ ਹਨ ॥੫॥੧੪॥
59362	1395	ਸਚੁ ਨਾਮੁ ਕਰਤਾਰੁ ਸੁ ਦ੍ਰਿੜੁ ਨਾਨਕਿ ਸੰਗ੍ਰਹਿਅਉ॥	(ਸੰਗ੍ਰ-ਹਿਅਉ) (ਸੰ) ਭਲੀ ਪ੍ਰਕਾਰ, (ਗ੍ਰਹਿਅਉ) ਧਾਰਨ ਕੀਤਾ ਹੈ	Sach Naam Karathaar S Dhrirr Naanak Sangrehiao ||	Guru Nanak gathered up the True Name of the Creator Lord, and implanted it within.	(ਗੁਰੂ) ਨਾਨਕ (ਦੇਵ ਜੀ) ਨੇ ਅਕਾਲ ਪੁਰਖ ਦਾ ਨਾਮ ਜੋ ਸਦਾ-ਥਿਰ ਰਹਿਣ ਵਾਲਾ ਹੈ, ਪੱਕੇ ਤੌਰ ਤੇ ਗ੍ਰਹਿਣ ਕੀਤਾ;

59363	1395	ਤਾ ਤੇ ਅੰਗਦੁ ਲਹਣਾ ਪ੍ਰਗਟਿ ਤਾਸੁ ਚਰਣਹ ਲਿਵ ਰਹਿਅਉ॥		Thaa Thae Angadh Lehanaa Pragatt Thaas Charaneh Liv Rehiao ||	Through Him, Lehnaa became manifest in the form of Guru Angad, who remained lovingly attuned to His Feet.	ਉਹਨਾਂ ਤੋਂ ਲਹਣਾ ਜੀ ਗੁਰੂ ਅੰਗਦ ਹੋ ਕੇ ਪਰਗਟ ਹੋਏ ਅਤੇ ਉਹਨਾਂ ਨੇ ਗੁਰੂ ਨਾਨਕ ਦੇਵ ਜੀ ਦੇ ਚਰਨਾਂ ਵਿਚ ਆਪਣੀ ਬ੍ਰਿਤੀ ਲਾ ਰੱਖੀ।
59364	1395	ਤਿਤੁ ਕੁਲਿ ਗੁਰ ਅਮਰਦਾਸੁ ਆਸਾ ਨਿਵਾਸੁ ਤਾਸੁ ਗੁਣ ਕਵਣ ਵਖਾਣਉ॥	(ਤਿਤੁ) ਤਿਸ ਗੁਰਿਆਈ ਰੂਪ ਕੁਲਿ ਚ। ਵਖਾਣ-ਉ	Thith Kul Gur Amaradhaas Aasaa Nivaas Thaas Gun Kavan Vakhaano ||	Guru Amar Daas of that dynasty is the home of hope. How can I express His Glorious Virtues?	ਉਸ ਕੁਲ ਵਿਚ ਗੁਰੂ ਅਮਰਦਾਸ, ਆਸਾਂ ਦਾ ਪੂਰਨ ਵਾਲਾ, (ਪਰਗਟ ਹੋਇਆ)। ਮੈਂ ਉਸ ਦੇ ਕਿਹੜੇ ਗੁਣ ਦੱਸਾਂ?
59365	1395	ਜੋ ਗੁਣ ਅਲਖ ਅਗੰਮ ਤਿਨਹ ਗੁਣ ਅੰਤੁ ਨ ਜਾਣਉ॥		Jo Gun Alakh Aganm Thineh Gun Anth N Jaano ||	His Virtues are unknowable and unfathomable. I do not know the limits of His Virtues.	ਉਹ ਗੁਣ ਅਲੱਖ ਤੇ ਅਗੰਮ ਹਨ, ਮੈਂ ਉਹਨਾਂ ਗੁਣਾਂ ਦਾ ਅੰਤ ਨਹੀਂ ਜਾਣਦਾ।
59366	1395	ਬੋਹਿਥਉ ਬਿਧਾਤੈ ਨਿਰਮਯੌ ਸਭ ਸੰਗਤਿ ਕੁਲ ਉਧਰਣ॥	ਨਿਰਮਯੌ: ਯੌ ਤਾਲੂ ਤੋਂ ਬੋਲੋ। (ਨਿਰਮਯੌ) ਪੈਦਾ ਕੀਤਾ। ਉ-ਧਰਣ	Bohithho Bidhhaathai Niramaya Sabh Sangath Kul Oudhharan ||	The Creator, the Architect of Destiny, has made Him a boat to carry all His generations across, along with the Sangat, the Holy Congregation.	ਸਾਰੀ ਸੰਗਤ ਤੇ ਸਾਰੀਆਂ ਕੁਲਾਂ ਨੂੰ ਤਾਰਨ ਲਈ ਕਰਤਾਰ ਨੇ (ਗੁਰੂ ਅਮਰਦਾਸ ਜੀ ਨੂੰ) ਇਕ ਜਹਾਜ਼ ਬਣਾਇਆ ਹੈ;

59367	1395	ਗੁਰ ਅਮਰਦਾਸ ਕੀਰਤੁ ਕਹੈ ਤ੍ਰਾਹਿ ਤ੍ਰਾਹਿ ਤੁਅ ਪਾ ਸਰਣ॥੧॥੧੫॥		Gur Amaradhaas Keerath Kehai Thraahi Thraahi Thua Paa Saran ||1||15||	So speaks Keerat: O Guru Amar Daas, please protect me and save me; I seek the Sanctuary of Your Feet. ||1||15||	ਕੀਰਤ (ਭੱਟ) ਆਖਦਾ ਹੈ- ਹੇ ਗੁਰੂ ਅਮਰਦਾਸ (ਜੀ)! ਮੈਨੂੰ ਰੱਖ ਲੈ, ਮੈਨੂੰ ਬਚਾ ਲੈ, ਮੈਂ ਤੇਰੇ ਚਰਨਾਂ ਦੀ ਸਰਨ ਪਿਆ ਹਾਂ ॥੧॥੧੫॥
59368	1395	ਆਪਿ ਨਰਾਇਣੁ ਕਲਾ ਧਾਰਿ ਜਗ ਮਹਿ ਪਰਵਰਿਯਉ॥	ਪਰ-ਵਰਿ-ਯਉ: ਯ ਤਾਲੂ ਤੋਂ ਬੋਲੋ।	Aap Naraaein Kalaa Dhaar Jag Mehi Paravariyo ||	The Lord Himself wielded His Power and entered the world.	(ਗੁਰੂ ਅਮਰਦਾਸ) ਆਪ ਹੀ ਨਰਾਇਣ-ਰੂਪ ਹੈ, ਜੋ ਆਪਣੀ ਸੱਤਾ ਰਚ ਕੇ ਜਗਤ ਵਿਚ ਪ੍ਰਵਿਰਤ ਹੋਇਆ ਹੈ।
59369	1395	ਨਿਰੰਕਾਰਿ ਆਕਾਰੁ ਜੋਤਿ ਜਗ ਮੰਡਲਿ ਕਰਿਯਉ॥	(ਮੰਡਲਿ) ਸਮੂਹ। ਕਰਿ-ਯਉ	Nirankaar Aakaar Joth Jag Manddal Kariyo ||	The Formless Lord took form, and with His Light He illuminated the realms of the world.	ਨਿਰੰਕਾਰ ਨੇ (ਗੁਰੂ ਅਮਰਦਾਸ ਜੀ ਦਾ) ਅਕਾਰ-ਰੂਪ ਹੋ ਕੇ (ਰੂਪ ਧਾਰ ਕੇ) ਜਗਤ ਵਿਚ ਜੋਤਿ ਪ੍ਰਗਟਾਈ ਹੈ।
59370	1395	ਜਹ ਕਹ ਤਹ ਭਰਪੂਰੁ ਸਬਦੁ ਦੀਪਕਿ ਦੀਪਾਯਉ॥	ਦੀ-ਪਾ-ਯਉ: ਯ ਤਾਲੂ ਤੋਂ ਬੋਲੋ। (ਦੀਪਾਯਉ) ਪ੍ਰਕਾਸ਼ਿਆ	Jeh Keh Theh Bharapoor Sabadh Dheepak Dheepaayo ||	He is All-pervading everywhere; the Lamp of the Shabad, the Word, has been lit.	(ਨਿਰੰਕਾਰ ਨੇ) ਆਪਣੇ ਸ਼ਬਦ (-ਨਾਮ) ਨੂੰ, ਜੋ ਹਰ ਥਾਂ ਹਾਜ਼ਰ-ਨਾਜ਼ਰ ਹੈ, (ਗੁਰੂ ਅਮਰਦਾਸ-ਰੂਪ) ਦੀਵੇ ਦੀ ਰਾਹੀਂ ਪ੍ਰਗਟਾਇਆ ਹੈ।

59371	1395	ਜਿਹ ਸਿਖਹ ਸੰਗ੍ਰਹਿਓ ਤਤੁ ਹਰਿ ਚਰਣ ਮਿਲਾਯਉ॥	ਮਿਲਾ-ਯਉ: ਯ ਤਾਲੂ ਤੋਂ ਬੋਲੋ।	Jih Sikheh Sangrehiou Thath Har Charan Milaayo ||	Whoever gathers in the essence of the teachings shall be absorbed in the Feet of the Lord.	ਜਿਨ੍ਹਾਂ ਸਿੱਖਾਂ ਨੇ ਇਸ ਸ਼ਬਦ ਨੂੰ ਗ੍ਰਹਣ ਕੀਤਾ ਹੈ, (ਗੁਰੂ ਅਮਰਦਾਸ ਜੀ ਨੇ) ਤੁਰਤ (ਉਹਨਾਂ ਨੂੰ) ਹਰੀ ਦੇ ਚਰਨਾਂ ਵਿਚ ਜੋੜ ਦਿੱਤਾ ਹੈ।
59372	1395	ਨਾਨਕ ਕੁਲਿ ਨਿੰਮਲੁ ਅਵਤਰ੍ਯਿਉ ਅੰਗਦ ਲਹਣੇ ਸੰਗਿ ਹੁਅ॥	ਅਵਤਰ੍ਯਿਉ: ਅਵ-ਤਰਿਅਉ	Naanak Kul Ninmal Avathariyo Angadh Lehanae Sang Hua ||	Lehnaa, who became Guru Angad, and Guru Amar Daas, have been reincarnated into the pure house of Guru Nanak.	ਲਹਣੇ ਜੀ (ਭਾਵ) ਗੁਰੂ ਅੰਗਦ ਜੀ ਦੇ ਨਾਲ ਮਿਲ ਕੇ (ਗੁਰੂ ਅਮਰਦਾਸ) ਗੁਰੂ ਨਾਨਕ ਦੇਵ ਜੀ ਦੀ ਕੁਲ ਵਿਚ ਨਿਰਮਲ ਅਵਤਾਰ ਹੋਇਆ ਹੈ।
59373	1395	ਗੁਰ ਅਮਰਦਾਸ ਤਾਰਣ ਤਰਣ ਜਨਮ ਜਨਮ ਪਾ ਸਰਣਿ ਤੁਅ॥੨॥੧੬॥		Gur Amaradhaas Thaaran Tharan Janam Janam Paa Saran Thua ||2||16||	Guru Amar Daas is our Saving Grace, who carries us across; in lifetime after lifetime, I seek the Sanctuary of Your Feet. ||2||16||	ਹੇ ਗੁਰੂ ਅਮਰਦਾਸ ਜੀ! ਹੇ ਸੰਸਾਰ ਦੇ ਤਾਰਨ ਨੂੰ ਜਹਾਜ਼! ਮੈਂ ਹਰੇਕ ਜਨਮ ਵਿਚ ਤੇਰੇ ਚਰਨਾਂ ਦੀ ਸਰਨ (ਰਹਾਂ) ॥੨॥੧੬॥
59374	1395	ਜਪੁ ਤਪੁ ਸਤੁ ਸੰਤੋਖੁ ਪਿਖਿ ਦਰਸਨੁ ਗੁਰ ਸਿਖਹ॥		Jap Thap Sath Santhokh Pikh Dharasan Gur Sikheh ||	Gazing upon the Blessed Vision of His Darshan, the Gursikh is blessed with chanting and deep meditation, truth and contentment.	ਸਤਿਗੁਰੂ (ਅਮਰਦਾਸ ਜੀ) ਦਾ ਦਰਸ਼ਨ ਕਰ ਕੇ ਸਿੱਖਾਂ ਨੂੰ ਜਪ ਤਪ ਸਤ ਸੰਤੋਖ (ਪ੍ਰਾਪਤ ਹੁੰਦੇ ਹਨ)।

59375	1395	ਸਰਣਿ ਪਰਹਿ ਤੇ ਉਬਰਹਿ ਛੋਡਿ ਜਮਪੁਰ ਕੀ ਲਿਖਹ॥		Saran Parehi Thae Oubarehi Shhodd Jam Pur Kee Likheh ||	Whoever seeks His Sanctuary is saved; his account is cleared in the City of Death.	ਜੋ ਮਨੁੱਖ (ਗੁਰੂ ਦੀ) ਸਰਨ ਪੈਂਦੇ ਹਨ, ਉਹ ਜਮ-ਪੁਰੀ ਦੀ ਲਿਖਤ ਨੂੰ ਛੱਡ ਕੇ ਪਾਰ ਲੰਘ ਜਾਂਦੇ ਹਨ।
59376	1395	ਭਗਤਿ ਭਾਇ ਭਰਪੂਰੁ ਰਿਦੈ ਉਚਰੈ ਕਰਤਾਰੈ॥		Bhagath Bhaae Bharapoor Ridhai Oucharai Karathaarai ||	His heart is totally filled with loving devotion; he chants to the Creator Lord.	(ਗੁਰੂ ਅਮਰਦਾਸ ਆਪਣੇ) ਹਿਰਦੇ ਵਿਚ (ਕਰਤਾਰ ਦੀ) ਭਗਤੀ ਦੇ ਪ੍ਰੇਮ ਨਾਲ ਭਰਿਆ ਹੋਇਆ ਹੈ, ਅਤੇ ਕਰਤਾਰ ਨੂੰ ਸਿਮਰਦਾ ਹੈ;
59377	1395	ਗੁਰੁ ਗਉਹਰੁ ਦਰੀਆਉ ਪਲਕ ਡੁਬੰਤ੍ਰਹ ਤਾਰੈ॥	ਪੂਰਨ ਗੁਰੂ ਜੀ ਗਹਿਰ ਗੰਭੀਰ ਸ਼ੁਭ ਗੁਣਾਂ ਰੂਪੀ ਅਨਵਿੱਧ (ਗਉਹਰੁ) ਮੋਤੀਆਂ ਦੇ ਅਥਾਹ ਦਰੀ-ਆਉ ਸਮੁੰਦ੍ਰ ਹਨ। ਡੁਬੰਤ੍ਰਹ: ਡੁਬੰਤਿਅਹ	Gur Gouhar Dhareeaao Palak Ddubanthyeh Thaarai ||	The Guru is the river of pearls; in an instant, he carries the drowning ones across.	ਸਤਿਗੁਰੂ (ਅਮਰਦਾਸ) ਗੰਭੀਰ ਹੈ, ਦਰੀਆ-ਦਿਲ ਹੈ, ਡੁੱਬਦੇ ਜੀਵਾਂ ਨੂੰ ਪਲ ਵਿਚ ਤਾਰ ਦੇਂਦਾ ਹੈ।
59378	1395	ਨਾਨਕ ਕੁਲਿ ਨਿੰਮਲੁ ਅਵਤਰ੍ਯਿਉ ਗੁਣ ਕਰਤਾਰੈ ਉਚਰੈ॥		Naanak Kul Ninmal Avathariyo Gun Karathaarai Oucharai ||	He was reincarnated into the House of Guru Nanak; He chants the Glorious Praises of the Creator Lord.	(ਗੁਰੂ) ਨਾਨਕ (ਦੇਵ ਜੀ) ਦੀ ਕੁਲ ਵਿਚ (ਗੁਰੂ ਅਮਰਦਾਸ ਜੀ) ਨਿਰਮਲ ਅਵਤਾਰ ਹੋਇਆ ਹੈ, ਜੋ ਕਰਤਾਰ ਦੇ ਗੁਣਾਂ ਨੂੰ ਉਚਾਰਦਾ ਹੈ।

59379	1395	ਗੁਰੁ ਅਮਰਦਾਸੁ ਜਿਨ੍ ਸੇਵਿਅਉ ਤਿਨ੍ ਦੁਖੁ ਦਰਿਦ੍ਰੁ ਪਰਹਰਿ ਪਰੈ॥੩॥੧੭॥		Gur Amaradhaas Jinh Saeviao Thinh Dhukh Dharidhra Parehar Parai ||3||17||	Those who serve Guru Amar Daas - their pains and poverty are taken away, far away. ||3||17||	ਜਿਨ੍ਹਾਂ ਮਨੁੱਖਾਂ ਨੇ ਗੁਰੂ ਅਮਰਦਾਸ ਜੀ ਨੂੰ ਸੇਵਿਆ ਹੈ, ਉਹਨਾਂ ਦਾ ਦੁੱਖ ਤੇ ਦਰਿਦ੍ਰ ਦੂਰ ਹੋ ਜਾਂਦਾ ਹੈ ॥੩॥੧੭॥
59380	1395	ਚਿਤਿ ਚਿਤਵਉ ਅਰਦਾਸਿ ਕਹਉ ਪਰੁ ਕਹਿ ਭਿ ਨ ਸਕਉ॥		Chith Chithavo Aradhaas Keho Par Kehi Bh N Sako ||	I consciously pray within my consciousness, but I cannot express it in words.	(ਹੇ ਗੁਰੂ ਅਮਰਦਾਸ ਜੀ!) ਮੈਂ ਚਿੱਤ ਵਿਚ ਸੋਚਾਂ ਸੋਚਦਾ ਹਾਂ ਕਿ (ਇਕ) ਬੇਨਤੀ ਆਖਾਂ; ਪਰ ਮੈਂ ਆਖ ਭੀ ਨਹੀਂ ਸਕਦਾ;
59381	1395	ਸਰਬ ਚਿੰਤ ਤੁਝੁ ਪਾਸਿ ਸਾਧਸੰਗਤਿ ਹਉ ਤਕਉ॥	ਤੱਕਉ	Sarab Chinth Thujh Paas Saadhhasangath Ho Thako ||	I place all my worries and anxieties before You; I look to the Saadh Sangat, the Company of the Holy, for help.	(ਹੇ ਸਤਿਗੁਰੂ!) ਮੇਰੇ ਸਾਰੇ ਫ਼ਿਕਰ ਤੇਰੇ ਹਵਾਲੇ ਹਨ (ਭਾਵ, ਤੈਨੂੰ ਹੀ ਮੇਰੇ ਸਾਰੇ ਫ਼ਿਕਰ ਹਨ), ਮੈਂ ਸਾਧ ਸੰਗਤ (ਦਾ ਆਸਰਾ) ਤੱਕਦਾ ਹਾਂ।
59382	1395	ਤੇਰੈ ਹੁਕਮਿ ਪਵੈ ਨੀਸਾਣੁ ਤਉ ਕਰਉ ਸਾਹਿਬ ਕੀ ਸੇਵਾ॥		Thaerai Hukam Pavai Neesaan Tho Karo Saahib Kee Saevaa ||	By the Hukam of Your Command, I am blessed with Your Insignia; I serve my Lord and Master.	(ਹੇ ਗੁਰੂ ਅਮਰਦਾਸ ਜੀ!) ਜੇ ਤੇਰੀ ਰਜ਼ਾ ਵਿਚ ਪ੍ਰਵਾਨਗੀ ਮਿਲ ਜਾਏ, ਤਾਂ ਮੈਂ ਮਾਲਕ-ਪ੍ਰਭੂ ਦੀ ਸੇਵਾ ਕਰਾਂ।

59383	1395	ਜਬ ਗੁਰੁ ਦੇਖੈ ਸੁਭ ਦਿਸਟਿ ਨਾਮੁ ਕਰਤਾ ਮੁਖਿ ਮੇਵਾ॥		Jab Gur Dhaekhai Subh Dhisatt Naam Karathaa Mukh Maevaa ||	When You, O Guru, gaze at me with Your Glance of Grace, the fruit of the Naam, the Name of the Creator, is placed within my mouth.	ਜਦੋਂ ਸਤਿਗੁਰੂ (ਅਮਰਦਾਸ) ਮਿਹਰ ਦੀ ਨਜ਼ਰ ਨਾਲ ਤੱਕਦਾ ਹੈ, ਤਾਂ ਕਰਤਾਰ ਦਾ ਨਾਮ-ਰੂਪ ਫਲ ਮੂੰਹ ਵਿਚ (ਭਾਵ, ਖਾਣ ਨੂੰ) ਮਿਲਦਾ ਹੈ।
59384	1395	ਅਗਮ ਅਲਖ ਕਾਰਣ ਪੁਰਖ ਜੋ ਫੁਰਮਾਵਹਿ ਸੋ ਕਹਉ॥		Agam Alakh Kaaran Purakh Jo Furamaavehi So Keho ||	The Unfathomable and Unseen Primal Lord God, the Cause of causes - as He orders, so do I speak.	ਹੇ ਅਗਮ-ਰੂਪ ਸਤਿਗੁਰੂ! ਹੇ ਅਲੱਖ ਹਰੀ-ਰੂਪ ਗੁਰੂ! ਹੇ ਕਾਰਣ ਪੁਰਖ-ਰੂਪ ਗੁਰੂ ਅਮਰਦਾਸ ਜੀ! ਜੋ ਤੂੰ ਹੁਕਮ ਕਰਦਾ ਹੈਂ, ਮੈਂ ਸੋਈ ਆਖਦਾ ਹਾਂ।
59385	1395	ਗੁਰ ਅਮਰਦਾਸ ਕਾਰਣ ਕਰਣ ਜਿਵ ਤੂ ਰਖਹਿ ਤਿਵ ਰਹਉ॥੪॥੧੮॥		Gur Amaradhaas Kaaran Karan Jiv Thoo Rakhehi Thiv Reho ||4||18||	O Guru Amar Daas, Doer of deeds, Cause of causes, as You keep me, I remain; as You protect me, I survive. ||4||18||	ਹੇ ਸ੍ਰਿਸ਼ਟੀ ਦੇ ਕਰਤਾ-ਰੂਪ ਗੁਰੂ ਅਮਰਦਾਸ ਜੀ! ਜਿਵੇਂ ਤੂੰ ਮੈਨੂੰ ਰੱਖਦਾ ਹੈਂ ਤਿਵੇਂ ਮੈਂ ਰਹਿੰਦਾ ਹਾਂ ॥੪॥੧੮॥
59386	1395	ਭਿਖੇ ਕੇ॥	ਗੁਰਮੁਖਿ ਭਿਖੇ ਭੱਟ।	Bhikhae Kae ||	Of Bhikhaa:	
59387	1395	ਗੁਰੁ ਗਿਆਨੁ ਅਰੁ ਧਿਆਨੁ ਤਤ ਸਿਉ ਤਤੁ ਮਿਲਾਵੈ॥		Gur Giaan Ar Dhhiaan Thath Sio Thath Milaavai ||	In deep meditation, and the spiritual wisdom of the Guru, one's essence merges with the essence of reality.	ਸਤਿਗੁਰੂ ਅਮਰਦਾਸ ਗਿਆਨ-ਰੂਪ ਤੇ ਧਿਆਨ-ਰੂਪ ਹੈ (ਭਾਵ, ਪੂਰਨ ਗਿਆਨ ਵਾਲਾ ਤੇ ਦ੍ਰਿੜ ਧਿਆਨ ਵਾਲਾ ਹੈ); (ਗੁਰੂ ਅਮਰਦਾਸ ਨੇ) ਆਪਣੇ ਆਤਮਾ ਨੂੰ ਹਰੀ ਨਾਲ ਮਿਲਾ ਲਿਆ ਹੈ।

59388	1395	ਸਚਿ ਸਚੁ ਜਾਣੀਐ ਇਕ ਚਿਤਹਿ ਲਿਵ ਲਾਵੈ॥		Sach Sach Jaaneeai Eik Chithehi Liv Laavai ||	In truth, the True Lord is recognized and realized, when one is lovingly attuned to Him, with one-pointed consciousness.	ਸਦਾ-ਥਿਰ ਹਰੀ ਵਿਚ ਜੁੜਨ ਕਰ ਕੇ ਸਤਿਗੁਰੂ ਨੂੰ ਹਰੀ-ਰੂਪ ਹੀ ਸਮਝਣਾ ਚਾਹੀਏ, (ਗੁਰੂ ਅਮਰਦਾਸ) ਇਕਾਗ੍ਰ ਮਨ ਹੋ ਕੇ (ਹਰੀ ਵਿਚ) ਲਿਵ ਲਾ ਰਿਹਾ ਹੈ।
59389	1395	ਕਾਮ ਕ੍ਰੋਧ ਵਸਿ ਕਰੈ ਪਵਣੁ ਉਡੰਤ ਨ ਧਾਵੈ॥	(ਪਵਣੁ) ਵਾਸ਼ਨਾ	Kaam Krodhh Vas Karai Pavan Ouddanth N Dhhaavai ||	Lust and anger are brought under control, when the breath does not fly around, wandering restlessly.	ਗੁਰੂ ਅਮਰਦਾਸ ਕਾਮ ਕ੍ਰੋਧ ਨੂੰ ਆਪਣੇ ਵੱਸ ਵਿਚ ਕਰੀ ਰੱਖਦਾ ਹੈ, (ਉਹਨਾਂ ਦਾ) ਮਨ ਭਟਕਦਾ ਨਹੀਂ ਹੈ (ਕਿਸੇ ਪਾਸੇ ਵਲ) ਦੌੜਦਾ ਨਹੀਂ ਹੈ।
59390	1395	ਨਿਰੰਕਾਰ ਕੈ ਵਸੈ ਦੇਸਿ ਹੁਕਮੁ ਬੁਝਿ ਬੀਚਾਰੁ ਪਾਵੈ॥		Nirankaar Kai Vasai Dhaes Hukam Bujh Beechaar Paavai ||	Dwelling in the land of the Formless Lord, realizing the Hukam of His Command, His contemplative wisdom is attained.	(ਗੁਰੂ ਅਮਰਦਾਸ) ਨਿਰੰਕਾਰ ਦੇ ਦੇਸ ਵਿਚ ਟਿਕ ਰਿਹਾ ਹੈ, (ਪ੍ਰਭੂ ਦਾ) ਹੁਕਮ ਪਛਾਣ ਕੇ (ਉਹਨਾਂ ਨੇ) ਗਿਆਨ ਪ੍ਰਾਪਤ ਕੀਤਾ ਹੈ।
59391	1395	ਕਲਿ ਮਾਹਿ ਰੂਪੁ ਕਰਤਾ ਪੁਰਖੁ ਸੋ ਜਾਣੈ ਜਿਨਿ ਕਿਛੁ ਕੀਅਉ॥		Kal Maahi Roop Karathaa Purakh So Jaanai Jin Kishh Keeao ||	In this Dark Age of Kali Yuga, the Guru is the Form of the Creator, the Primal Lord God; he alone knows, who has tried it.	ਕਲਜੁਗ ਵਿਚ (ਗੁਰੂ ਅਮਰਦਾਸ) ਕਰਤਾ ਪੁਰਖ-ਰੂਪ ਹੈ; (ਇਸ ਕੌਤਕ ਨੂੰ) ਉਹ ਕਰਤਾਰ ਹੀ ਜਾਣਦਾ ਹੈ ਜਿਸ ਨੇ ਇਹ ਅਚਰਜ ਕੌਤਕ ਕੀਤਾ ਹੈ।

59392	1395	ਗੁਰੁ ਮਿਲਿਉ ਸੋਇ ਭਿਖਾ ਕਹੈ ਸਹਜ ਰੰਗਿ ਦਰਸਨੁ ਦੀਅਉ॥੧॥੧੯॥	ਮਿਲਿਉ: ਮਿਲਿ-ਅਉ। ਭਿੱਖਾ। ਦੀ-ਅਉ	Gur Miliyo Soe Bhikhaa Kehai Sehaj Rang Dharasan Dheeao ||1||19||	So speaks Bhikhaa: I have met the Guru. With love and intuitive affection, He has bestowed the Blessed Vision of His Darshan. ||1||19||	ਭਿੱਖਾ ਕਵੀ ਆਖਦਾ ਹੈ ਕਿ ਮੈਨੂੰ ਉਹ ਗੁਰੂ (ਅਮਰਦਾਸ) ਮਿਲ ਪਿਆ ਹੈ, (ਉਹਨਾਂ ਨੇ) ਪੂਰਨ ਖਿੜਾਉ ਦੇ ਰੰਗ ਵਿਚ ਮੈਨੂੰ ਦਰਸਨ ਦਿੱਤਾ ਹੈ ॥੧॥੧੯॥
59393	1395	ਰਹਿਓ ਸੰਤ ਹਉ ਟੋਲਿ ਸਾਧ ਬਹੁਤੇਰੇ ਡਿਠੇ॥		Rehiou Santh Ho Ttol Saadhh Bahuthaerae Ddithae ||	I have been searching for the Saints; I have seen so many Holy and spiritual people.	ਮੈਂ ਸੰਤਾਂ ਨੂੰ ਟੋਲਦਾ ਟੋਲਦਾ ਥੱਕ ਗਿਆ ਹਾਂ, ਮੈਂ ਕਈ ਸਾਧ (ਭੀ) ਵੇਖੇ ਹਨ,
59394	1395	ਸੰਨਿਆਸੀ ਤਪਸੀਅਹ ਮੁਖਹੁ ਏ ਪੰਡਿਤ ਮਿਠੇ॥	ਤਪੱਸੀ-ਅਹ	Sanniaasee Thapaseeah Mukhahu Eae Panddith Mithae ||	The hermits, Sannyaasees, ascetics, penitents, fanatics and Pandits all speak sweetly.	ਕਈ ਸੰਨਿਆਸੀ, ਕਈ ਤਪੱਸਵੀ ਤੇ ਕਈ ਇਹ ਮੂੰਹੋਂ-ਮਿੱਠੇ ਪੰਡਿਤ (ਭੀ ਵੇਖੇ ਹਨ)।
59395	1395	ਬਰਸੁ ਏਕੁ ਹਉ ਫਿਰਿਓ ਕਿਨੈ ਨਹੁ ਪਰਚਉ ਲਾਯਉ॥	ਲਾ-ਯਉ: ਯ ਤਾਲੂ ਤੋਂ ਬੋਲੋ।	Baras Eaek Ho Firiou Kinai Nahu Paracho Laayo ||	I wandered around lost for a year, but no one touched my soul.	ਮੈਂ ਇਕ ਸਾਲ ਫਿਰਦਾ ਰਿਹਾ ਹਾਂ, ਕਿਸੇ ਨੇ ਮੇਰੀ ਨਿਸ਼ਾ ਨਹੀਂ ਕੀਤੀ;
59396	1396	ਕਹਤਿਅਹ ਕਹਤੀ ਸੁਣੀ ਰਹਤ ਕੋ ਖੁਸੀ ਨ ਆਯਉ॥	(ਖੁਸੀ) ਪਸੰਦ। ਕਹ-ਤਿਅਹ। ਆ-ਯਉ:ਯ ਤਾਲੂ ਤੋਂ ਬੋਲੋ	Kehathiah Kehathee Sunee Rehath Ko Khusee N Aayo ||	I listened to preachers and teachers, but I could not be happy with their lifestyles.	ਸਾਰੇ (ਮੂੰਹੋਂ) ਆਖਦੇ ਹੀ ਆਖਦੇ (ਭਾਵ, ਹੋਰਨਾਂ ਨੂੰ ਉਪਦੇਸ਼ ਕਰਦੇ ਹੀ) ਸੁਣੇ ਹਨ, ਪਰ ਕਿਸੇ ਦੀ ਰਹਤ ਵੇਖ ਕੇ ਮੈਨੂੰ ਆਨੰਦ ਨਹੀਂ ਆਇਆ।

59397	1396	ਹਰਿ ਨਾਮੁ ਛੋਡਿ ਦੂਜੈ ਲਗੇ ਤਿਨ੍ਹ ਕੇ ਗੁਣ ਹਉ ਕਿਆ ਕਹਉ॥	(ਗੁਣ) ਔਗੁਣ	Har Naam Shhodd Dhoojai Lagae Thinh Kae Gun Ho Kiaa Keho ||	Those who have abandoned the Lord's Name, and become attached to duality - why should I speak in praise of them?	ਉਹਨਾਂ ਲੋਕਾਂ ਦੇ ਗੁਣ ਮੈਂ ਕੀਹ ਆਖਾਂ, ਜਿਹੜੇ ਹਰੀ ਦੇ ਨਾਮ ਨੂੰ ਛੱਡ ਕੇ ਦੂਜੇ (ਭਾਵ, ਮਾਇਆ ਦੇ ਪਿਆਰ) ਵਿਚ ਲੱਗੇ ਹੋਏ ਹਨ?
59398	1396	ਗੁਰ ਦਯਿ ਮਿਲਾਯਉ ਭਿਖਿਆ ਜਿਵ ਤੂ ਰਖਹਿ ਤਿਵ ਰਹਉ॥੨॥੨੦॥	ਦ-ਯਿ: ਦ ਮੁਕਤਾ, ਯਿ ਸਿਹਾਰੀ ਸਹਿਤ, ਤਾਲੂ ਤੋਂ ਬੋਲ। ਮਿਲਾ-ਯਉ। (ਭਿਖਿਆ) ਗੁਰਮੁਖਿ ਭਿੱਖਿਆ ਭੱਟ।	Gur Dhay Milaayo Bhikhiaa Jiv Thoo Rakhehi Thiv Reho ||2||20||	So speaks Bhikhaa: the Lord has led me to meet the Guru. As You keep me, I remain; as You protect me, I survive. ||2||20||	ਹੇ ਗੁਰੂ (ਅਮਰਦਾਸ)! ਪਿਆਰੇ (ਹਰੀ) ਨੇ ਮੈਨੂੰ, ਭਿਖੇ ਨੂੰ, ਤੂੰ ਮਿਲਾ ਦਿੱਤਾ ਹੈ, ਜਿਵੇਂ ਤੂੰ ਰੱਖੇਂਗਾ ਤਿਵੇਂ ਮੈਂ ਰਹਾਂਗਾ ॥੨॥੨੦॥
59399	1396	ਪਹਿਰਿ ਸਮਾਧਿ ਸਨਾਹੁ ਗਿਆਨਿ ਹੈ ਆਸਣਿ ਚੜਿਅਉ॥		Pehir Samaadhh Sanaahu Giaan Hai Aasan Charriao ||	Wearing the armor of Samaadhi, the Guru has mounted the saddled horse of spiritual wisdom.	ਸਮਾਧੀ-ਰੂਪ ਸੰਨਾਹ (ਜ਼ਿਰਹ-ਬਖ਼ਤਰ) ਪਹਿਨ ਕੇ ਗਿਆਨ-ਰੂਪ ਘੋੜੇ ਉੱਤੇ (ਗੁਰੂ ਅਮਰਦਾਸ ਜੀ ਨੇ) ਆਸਣ ਜਮਾਇਆ ਹੋਇਆ ਹੈ।
59400	1396	ਧ੍ਰੰਮ ਧਨਖੁ ਕਰ ਗਹਿਓ ਭਗਤ ਸੀਲਹ ਸਰਿ ਲੜਿਅਉ॥		Dhhranm Dhhanakh Kar Gehiou Bhagath Seeleh Sar Larriao ||	Holding the bow of Dharma in His Hands, He has shot the arrows of devotion and humility.	ਧਰਮ ਦਾ ਧਨੁਖ ਹੱਥਾਂ ਵਿਚ ਫੜ ਕੇ (ਗੁਰੂ ਅਮਰਦਾਸ) ਭਗਤਾਂ ਵਾਲੇ ਸੀਲ-ਰੂਪ ਤੀਰ ਨਾਲ (ਕਾਮਾਦਿਕ ਵੈਰੀਆਂ ਦੇ ਟਾਕਰੇ ਤੇ) ਲੜ ਰਿਹਾ ਹੈ।

59401	1396	ਭੈ ਨਿਰਭਉ ਹਰਿ ਅਟਲੁ ਮਨਿ ਸਬਦਿ ਗੁਰ ਨੇਜਾ ਗਡਿਓ॥	ਅ-ਟਲੁ	Bhai Nirabho Har Attal Man Sabadh Gur Naejaa Gaddiou ||	He is fearless in the Fear of the Eternal Lord God; He has thrust the spear of the Word of the Guru's Shabad into the mind.	ਹਰੀ ਦਾ ਭਉ ਰੱਖਣ ਦੇ ਕਾਰਨ (ਗੁਰੂ ਅਮਰਦਾਸ) ਨਿਰਭਉ ਹੈ, ਸਤਿਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਹਰੀ ਨੂੰ (ਗੁਰੂ ਅਮਰਦਾਸ ਨੇ) ਮਨ ਵਿਚ ਧਾਰਿਆ ਹੈ-ਇਹ (ਗੁਰੂ ਅਮਰਦਾਸ ਨੇ ਮਾਨੋ), ਨੇਜਾ ਗੱਡਿਆ ਹੋਇਆ ਹੈ;
59402	1396	ਕਾਮ ਕ੍ਰੋਧ ਲੋਭ ਮੋਹ ਅਪਤੁ ਪੰਚ ਦੂਤ ਬਿਖੰਡਿਓ॥	ਅ-ਪਤੁ:ਪੋਲਾ ਬੋਲੋ। (ਅਪਤੁ) ਬੇਪਤ ਕਰਨ ਵਾਲਾ ਹੰਕਾਰ। ਬਿ-ਖੰਡਿਓ	Kaam Krodhh Lobh Moh Apath Panch Dhooth Bikhanddiou ||	He has cut down the five demons of unfulfilled sexual desire, unresolved anger, unsatisfied greed, emotional attachment and self-conceit.	ਅਤੇ ਕਾਮ, ਕ੍ਰੋਧ, ਲੋਭ, ਮੋਹ, ਅਹੰਕਾਰ, ਇਹਨਾਂ ਪੰਜਾਂ ਵੈਰੀਆਂ ਦਾ ਨਾਸ ਕਰ ਦਿੱਤਾ ਹੈ।
59403	1396	ਭਲਉ ਭੂਹਾਲੁ ਤੇਜੋ ਤਨਾ ਨ੍ਰਿਪਤਿ ਨਾਥੁ ਨਾਨਕ ਬਰਿ॥	(ਭੂਹਾਲੁ) ਮਹਾਰਾਜਾ	Bhalo Bhoohaal Thaejo Thanaa Nripath Naathh Naanak Bar ||	Guru Amar Daas, the son of Tayj Bhaan, of the noble Bhalla dynasty, blessed by Guru Nanak, is the Master of kings.	ਤੇਜਭਾਨ ਜੀ ਦੇ ਪੁਤ੍ਰ ਹੇ ਗੁਰੂ ਅਮਰਦਾਸ ਜੀ! ਤੂੰ ਭੱਲਿਆਂ ਦੀ ਕੁਲ ਵਿਚ ਸ਼ਿਰੋਮਣੀ ਹੈਂ ਅਤੇ (ਗੁਰੂ) ਨਾਨਕ (ਦੇਵ ਜੀ) ਦੇ ਵਰ ਨਾਲ ਰਾਜਿਆਂ ਦਾ ਰਾਜਾ ਹੈਂ।
59404	1396	ਗੁਰ ਅਮਰਦਾਸ ਸਚੁ ਸਲ੍ਹ ਭਣਿ ਤੈ ਦਲੁ ਜਿਤਉ ਇਵ ਜੁਧੁ ਕਰਿ॥੧॥੨੧॥	ਗੁਰਮੁਖਿ ਭੱਟ ਸਲ੍ਹ: ਸੱਲਿਅ। ਜਿੱਤਉ	Gur Amaradhaas Sach Saly Bhan Thai Dhal Jitho Eiv Judhh Kar ||1||21||	SALL speaks the truth; O Guru Amar Daas, you have conquered the army of evil, fighting the battle this way. ||1||21||	ਸਲਜਜ ਕਵੀ (ਇਉਂ) ਆਖਦਾ ਹੈ- ਹੇ ਗੁਰੂ ਅਮਰਦਾਸ! ਤੂੰ ਇਸ ਤਰ੍ਹਾਂ ਜੁੱਧ ਕਰ ਕੇ (ਇਹ ਵਿਕਾਰਾਂ ਦਾ) ਦਲ ਜਿੱਤ ਲਿਆ ਹੈ ॥੧॥੨੧॥

59405	1396	ਘਨਹਰ ਬੂੰਦ ਬਸੁਅ ਰੋਮਾਵਲਿ ਕੁਸਮ ਬਸੰਤ ਗਨੰਤ ਨ ਆਵੈ॥	(ਘਨਹਰ) ਬੱਦਲ (ਬੂੰਦ) ਬੂੰਦਾਂ। ਧਰਤੀ ਦੀ (ਰੋਮਾਵਲਿ) ਰੋਮਾਵਲੀ ਬਨਾਸਪਤੀ। ਗ-ਨੰਤ	Ghanehar Boondh Basua Romaaval Kusam Basanth Gananth N Aavai ||	The raindrops of the clouds, the plants of the earth, and the flowers of the spring cannot be counted.	ਬੱਦਲਾਂ ਦੀਆਂ ਕਣੀਆਂ, ਧਰਤੀ ਦੀ ਬਨਸਪਤੀ, ਬਸੰਤ ਦੇ ਫੁੱਲ-ਇਹਨਾਂ ਦੀ ਗਿਣਤੀ ਨਹੀਂ ਹੋ ਸਕਦੀ।
59406	1396	ਰਵਿ ਸਸਿ ਕਿਰਣਿ ਉਦਰੁ ਸਾਗਰ ਕੋ ਗੰਗ ਤਰੰਗ ਅੰਤੁ ਕੋ ਪਾਵੈ॥		Rav Sas Kiran Oudhar Saagar Ko Gang Tharang Anth Ko Paavai ||	Who can know the limits of the rays of the sun and the moon, the waves of the ocean and the Ganges?	ਸੂਰਜ ਤੇ ਚੰਦ੍ਰਮਾ ਦੀਆਂ ਕਿਰਨਾਂ, ਸਮੁੰਦਰ ਦਾ ਪੇਟ ਗੰਗਾ ਦੀਆਂ ਠਿਲ੍ਹਾਂ-ਇਹਨਾਂ ਦਾ ਅੰਤ ਕੌਣ ਪਾ ਸਕਦਾ ਹੈ?
59407	1396	ਰੁਦ੍ਰ ਧਿਆਨ ਗਿਆਨ ਸਤਿਗੁਰ ਕੇ ਕਬਿ ਜਨ ਭਲ੍ਹ ਉਨਹ ਜੋ ਗਾਵੈ॥	ਗੁਰਮੁਖਿ ਭੱਲਿਅ ਭੱਟ। ਉਨ੍ਹਾਂ ਨੂੰ ਜੇ ਕੋਈ ਗਾ ਸਕੇ ਤਾਂ (ਗਾਵੈ) ਗਾ ਸਕੇ	Rudhr Dhhiaan Giaan Sathigur Kae Kab Jan Bhaly Ouneh Juo Gaavai ||	With Shiva's meditation and the spiritual wisdom of the True Guru, says BHALL the poet, these may be counted.	ਸ਼ਿਵ ਜੀ ਵਾਂਗ ਪੂਰਨ ਸਮਾਧੀ ਲਾ ਕੇ ਅਤੇ ਸਤਿਗੁਰੂ ਦੇ ਬਖ਼ਸ਼ੇ ਗਿਆਨ ਦੁਆਰਾ, ਹੇ ਭਲਜਜ ਕਵੀ! ਉਹਨਾਂ ਉਪਰ-ਦੱਸੇ ਪਦਾਰਥਾਂ ਨੂੰ ਭਾਵੇਂ ਕੋਈ ਮਨੁੱਖ ਵਰਣਨ ਕਰ ਸਕੇ,
59408	1396	ਭਲੇ ਅਮਰਦਾਸ ਗੁਣ ਤੇਰੇ ਤੇਰੀ ਉਪਮਾ ਤੋਹਿ ਬਨਿ ਆਵੈ॥੧॥੨੨॥		Bhalae Amaradhaas Gun Thaerae Thaeree Oupamaa Thohi Ban Aavai ||1||22||	O Guru Amar Daas, Your Glorious Virtues are so sublime; Your Praises belong only to You. ||1||22||	ਪਰ ਭੱਲਿਆਂ ਦੀ ਕੁਲ ਵਿਚ ਪ੍ਰਗਟ ਹੋਏ ਹੇ ਗੁਰੂ ਅਮਰਦਾਸ ਜੀ! ਤੇਰੇ ਗੁਣ ਵਰਣਨ ਨਹੀਂ ਹੋ ਸਕਦੇ। ਤੇਰੇ ਜਿਹਾ ਤੂੰ ਆਪ ਹੀ ਹੈਂ ॥੧॥੨੨॥

59409	1396	ਸਵਈਏ ਮਹਲੇ ਚਉਥੇ ਕੇ ੪	੪ ਅੰਕ ਨਹੀਂ ਪੜ੍ਹਨਾ	Saveeeae Mehalae Chouthhae Kae 4	Swaiyas In Praise Of The Fourth Mehl:	ਗੁਰੂ ਰਾਮਦਾਸ ਜੀ ਦੀ ਉਸਤਤਿ ਵਿਚ ਉਚਾਰੇ ਹੋਏ ਸਵਈਏ।
59410	1396	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
59411	1396	ਇਕ ਮਨਿ ਪੁਰਖੁ ਨਿਰੰਜਨੁ ਧਿਆਵਉ॥		Eik Man Purakh Niranjan Dhhiaavo ||	Meditate single-mindedly on the Immaculate Primal Lord God.	ਮੈਂ ਇਕਾਗ੍ਰ-ਮਨ ਹੋ ਕੇ ਮਾਇਆ ਤੋਂ ਰਹਿਤ ਅਕਾਲ ਪੁਰਖ ਨੂੰ ਸਿਮਰਾਂ,
59412	1396	ਗੁਰ ਪ੍ਰਸਾਦਿ ਹਰਿ ਗੁਣ ਸਦ ਗਾਵਉ॥		Gur Prasaadh Har Gun Sadh Gaavo ||	By Guru's Grace, sing the Glorious Praises of the Lord forever.	ਗੁਰੂ ਜੀ ਦੀ ਕ੍ਰਿਪਾ ਨਾਲ ਸਦਾ ਹਰੀ ਦੇ ਗੁਣ ਗਾਵਾਂ,
59413	1396	ਗੁਨ ਗਾਵਤ ਮਨਿ ਹੋਇ ਬਿਗਾਸਾ॥		Gun Gaavath Man Hoe Bigaasaa ||	Singing His Praises, the mind blossoms forth in ecstasy.	ਅਤੇ ਗੁਣ ਗਾਂਦਿਆਂ ਗਾਂਦਿਆਂ ਮੇਰੇ ਮਨ ਵਿਚ ਖਿੜਾਉ ਪੈਦਾ ਹੋਵੇ,
59414	1396	ਸਤਿਗੁਰ ਪੂਰਿ ਜਨਹ ਕੀ ਆਸਾ॥		Sathigur Poor Janeh Kee Aasaa ||	The True Guru fulfills the hopes of His humble servant.	ਹੇ ਸਤਿਗੁਰੂ! ਮੈਂ ਦਾਸ ਦੀ ਆਸ ਪੂਰੀ ਕਰ।
59415	1396	ਸਤਿਗੁਰੁ ਸੇਵਿ ਪਰਮਪਦੁ ਪਾਯਉ॥	ਪਾਯਉ: ਯ ਤਾਲੂ ਤੋਂ ਬੋਲ	Sathigur Saev Param Padh Paayo ||	Serving the True Guru, the supreme status is obtained.	(ਜਿਸ ਗੁਰੂ ਰਾਮਦਾਸ ਜੀ ਨੇ) ਗੁਰੂ (ਅਮਰਦਾਸ ਜੀ) ਨੂੰ ਸੇਵ ਕੇ ਉੱਚੀ ਪਦਵੀ ਪਾਈ ਹੈ,
59416	1396	ਅਬਿਨਾਸੀ ਅਬਿਗਤੁ ਧਿਆਯਉ॥	ਧਿਆ–ਯਉ	Abinaasee Abigath Dhhiaayo ||	Meditate on the Imperishable, Formless Lord God.	ਅਤੇ ਅਬਿਨਾਸੀ ਤੇ ਅਦ੍ਰਿਸ਼ਟ ਹਰੀ ਨੂੰ ਸਿਮਰਿਆ ਹੈ,

59417	1396	ਤਿਸੁ ਭੇਟੇ ਦਾਰਿਦ੍ਰੁ ਨ ਚੰਪੈ॥		This Bhaettae Dhaaridhra N Chanpai ||	Meeting with Him, one escapes poverty.	ਉਸ (ਗੁਰੂ ਰਾਮਦਾਸ) ਦੀ ਚਰਨੀਂ ਲੱਗਿਆਂ, ਦਲਿੱਦ੍ਰ ਨਹੀਂ ਚੰਬੜਦਾ,
59418	1396	ਕਲ੍ਯ ਸਹਾਰੁ ਤਾਸੁ ਗੁਣ ਜੰਪੈ॥	ਕਲ੍ਯ: ਕੱਲਿਅ	Kaly Sehaar Thaas Gun Janpai ||	Kal Sahaar chants His Glorious Praises.	ਕਲਜਜਸਹਾਰ ਕਵੀ ਉਸ (ਗੁਰੂ ਰਾਮਦਾਸ ਜੀ) ਦੇ ਗੁਣ ਗਾਉਂਦਾ ਹੈ।
59419	1396	ਜੰਪਉ ਗੁਣ ਬਿਮਲ ਸੁਜਨ ਜਨ ਕੇਰੇ ਅਮਿਅ ਨਾਮੁ ਜਾ ਕਉ ਫੁਰਿਆ॥	ਬਿ-ਮਲ। ਸੁ-ਜਨ	Janpo Gun Bimal Sujan Jan Kaerae Amia Naam Jaa Ko Furiaa ||	I chant the pure praises of that humble being who has been blessed with the Ambrosial Nectar of the Naam, the Name of the Lord.	ਮੈਂ ਉਸ ਸ੍ਰੇਸ਼ਟ ਜਨ (ਗੁਰੂ ਰਾਮਦਾਸ ਜੀ) ਦੇ ਨਿਰਮਲ ਗੁਣ ਗਾਉਂਦਾ ਹਾਂ, ਜਿਸ ਨੂੰ ਆਤਮਕ ਜੀਵਨ ਦੇਣ ਵਾਲਾ ਨਾਮ ਅਨੁਭਵ ਹੋਇਆ ਹੈ,
59420	1396	ਇਨਿ ਸਤਗੁਰੁ ਸੇਵਿ ਸਬਦ ਰਸੁ ਪਾਯਾ ਨਾਮੁ ਨਿਰੰਜਨ ਉਰਿ ਧਰਿਆ॥	ਪਾ-ਯਾ	Ein Sathagur Saev Sabadh Ras Paayaa Naam Niranjan Our Dhhariaa ||	He served the True Guru and was blessed with the sublime essence of the Shabad, the Word of God. The Immaculate Naam has been enshrined in his heart.	ਇਸ (ਗੁਰੂ ਰਾਮਦਾਸ ਜੀ) ਨੇ (ਅਮਰਦਾਸ ਜੀ) ਨੂੰ ਸੇਵ ਕੇ ਸ਼ਬਦ ਦਾ ਆਨੰਦ ਪ੍ਰਾਪਤ ਕੀਤਾ ਹੈ ਤੇ ਨਿਰੰਜਨ ਦਾ ਨਾਮ ਹਿਰਦੇ ਵਿਚ ਟਿਕਾਇਆ ਹੈ।

59421	1396	ਹਰਿ ਨਾਮ ਰਸਿਕੁ ਗੋਬਿੰਦ ਗੁਣ ਗਾਹਕੁ ਚਾਹਕੁ ਤਤ ਸਮਤ ਸਰੇ॥	ਸਮਤ: ਪੋਲਾ ਬੋਲੋ ਮਿਲਵਾਂ। ਤੱਤ	Har Naam Rasik Gobindh Gun Gaahak Chaahak Thath Samath Sarae ||	He enjoys and savors the Lord's Name, and purchases the Glorious Virtues of the Lord of the Universe. He seeks the essence of reality; he is the Fountain of even-handed justice.	(ਗੁਰੂ ਰਾਮਦਾਸ) ਅਕਾਲ ਪੁਰਖ ਦੇ ਨਾਮ ਦਾ ਰਸੀਆ ਹੈ, ਗੋਬਿੰਦ ਦੇ ਗੁਣਾਂ ਦਾ ਗਾਹਕ ਹੈ, ਅਕਾਲ ਪੁਰਖ ਨਾਲ ਪਿਆਰ ਕਰਨ ਵਾਲਾ ਹੈ, ਅਤੇ ਸਮ-ਦ੍ਰਿਸ਼ਟਤਾ ਦਾ ਸਰੋਵਰ ਹੈ।
59422	1396	ਕਵਿ ਕਲ੍ਯ ਠਕੁਰ ਹਰਦਾਸ ਤਨੇ ਗੁਰ ਰਾਮਦਾਸ ਸਰ ਅਭਰ ਭਰੇ॥੧॥	ਕਲ੍ਯ: ਕੱਲਿਅ	Kav Kaly Thakur Haradhaas Thanae Gur Raamadhaas Sar Abhar Bharae ||1||	So speaks KALL the poet: Guru Raam Daas, the son of Har Daas, fills the empty pools to overflowing. ||1||	ਹੇ ਕਲਜਜਸਹਾਰ ਕਵੀ! ਠਾਕੁਰ ਹਰਦਾਸ ਜੀ ਦੇ ਸੁਪੁੱਤ੍ਰ, ਗੁਰੂ ਰਾਮਦਾਸ ਜੀ (ਹਿਰਦੇ-ਰੂਪੀ) ਖ਼ਾਲੀ ਸਰੋਵਰਾਂ ਨੂੰ (ਨਾਮ ਨਾਲ) ਭਰਨ ਵਾਲੇ ਹਨ ॥੧॥
59423	1396	ਛੁਟਤ ਪਰਵਾਹ ਅਮਿਅ ਅਮਰਾਪਦ ਅੰਮ੍ਰਿਤ ਸਰੋਵਰ ਸਦ ਭਰਿਆ॥		Shhuttath Paravaah Amia Amaraa Padh Anmrith Sarovar Sadh Bhariaa ||	The stream of ambrosial nectar flows and the immortal status is obtained; the pool is forever overflowing with Ambrosial Nectar.	(ਗੁਰੂ ਰਾਮਦਾਸ) ਅੰਮ੍ਰਿਤ ਦਾ ਸਰੋਵਰ (ਹੈ, ਜੋ) ਸਦਾ ਭਰਿਆ ਰਹਿੰਦਾ ਹੈ (ਅਤੇ ਜਿਸ ਵਿਚੋਂ) ਅਟੱਲ ਪਦਵੀ ਦੇਣ ਵਾਲੇ ਅੰਮ੍ਰਿਤ ਦੇ ਚਸ਼ਮੇ ਚੱਲ ਰਹੇ ਹਨ।

59424	1396	ਤੇ ਪੀਵਹਿ ਸੰਤ ਕਰਹਿ ਮਨਿ ਮਜਨੁ ਪੁਬ ਜਿਨਹੁ ਸੇਵਾ ਕਰੀਆ॥	ਮੱਜਨੁ	Thae Peevehi Santh Karehi Man Majan Pub Jinahu Saevaa Kareeaa ||	Those Saints who have served the Lord in the past drink in this Nectar, and bathe their minds in it.	(ਇਸ ਅੰਮ੍ਰਿਤ ਨੂੰ) ਉਹ ਸੰਤ ਜਨ ਪੀਂਦੇ ਹਨ (ਅਤੇ) ਅੰਤਰ-ਆਤਮੇ ਇਸ਼ਨਾਨ ਕਰਦੇ ਹਨ, ਜਿਨ੍ਹਾਂ ਨੇ ਪੂਰਬਲੇ ਜਨਮ ਦੀ ਕੋਈ ਸੇਵਾ ਕੀਤੀ ਹੋਈ ਹੈ।
59425	1396	ਤਿਨ ਭਉ ਨਿਵਾਰਿ ਅਨਭੈ ਪਦੁ ਦੀਨਾ ਸਬਦ ਮਾਤ੍ਰ ਤੇ ਉਧਰ ਧਰੇ॥	ਔਗੁਣਾਂ ਜਮਾਂ ਜੂਨਾਂ ਤੋਂ (ਉ-ਧਰ) ਉਧਾਰ ਰੱਖੇ ਹਨ। ਅਨ-ਭੈ	Thin Bho Nivaar Anabhai Padh Dheenaa Sabadh Maathr Thae Oudhhar Dhharae ||	God takes their fears away, and blesses them with the state of fearless dignity. Through the Word of His Shabad, He has saved them.	(ਗੁਰੂ ਰਾਮਦਾਸ ਜੀ ਨੇ) ਉਹਨਾਂ (ਸੰਤ ਜਨਾਂ) ਦਾ ਭਉ ਦੂਰ ਕਰਕੇ, ਉਹਨਾਂ ਨੂੰ ਨਿਰਭੈਤਾ ਦੀ ਪਦਵੀ ਬਖ਼ਸ਼ ਦਿੱਤੀ ਹੈ, ਤੇ ਆਪਣਾ ਸ਼ਬਦ ਸੁਣਾਉਂਦਿਆਂ ਹੀ ਉਹਨਾਂ ਨੂੰ ਪਾਰ ਉਤਾਰ ਦਿੱਤਾ ਹੈ।
59426	1396	ਕਵਿ ਕਲ੍ਯ ਠਕੁਰ ਹਰਦਾਸ ਤਨੇ ਗੁਰ ਰਾਮਦਾਸ ਸਰ ਅਭਰ ਭਰੇ॥੨॥	(ਠਕੁਰ) ਠਾਕਰ ਜੀ, ਛੱਤ੍ਰੀਆਂ ਦਾ ਨਾਮ ਹੈ। ਬਾਬੇ (ਹਰਦਾਸ) ਹਰਿਦਾਸ ਜੀ ਦੇ ਅਤਿਅੰਤ ਪਿਆਰੇ (ਤਨੇ) ਸਪੁੱਤ੍ਰ ਮਹੱਲਾ ੪ ਜੀ। ਕਲ੍ਯ: ਕੱਲਿਅ। ਅ-ਭਰ	Kav Kaly Thakur Haradhaas Thanae Gur Raamadhaas Sar Abhar Bharae ||2||	So speaks KALL the poet: Guru Raam Daas, the son of Har Daas, fills the empty pools to overflowing. ||2||	ਹੇ ਕਲਜਜਸਹਾਰ ਕਵੀ! ਠਾਕੁਰ ਹਰਦਾਸ ਜੀ ਦੇ ਸੁਪੁੱਤ੍ਰ ਗੁਰੂ ਰਾਮਦਾਸ ਜੀ (ਹਿਰਦੇ-ਰੂਪ) ਖ਼ਾਲੀ ਸਰੋਵਰਾਂ ਨੂੰ (ਨਾਮ-ਅੰਮ੍ਰਿਤ ਨਾਲ) ਭਰਨ ਵਾਲੇ ਹਨ ॥੨॥

59427	1396	ਸਤਗੁਰ ਮਤਿ ਗੂੜ੍ ਬਿਮਲ ਸਤਸੰਗਤਿ ਆਤਮੁ ਰੰਗਿ ਚਲੂਲੁ ਭਯਾ॥	ਭ-ਯਾ: ਯਾ ਤਾਲੂ ਤੋਂ ਬੋਲ	Sathagur Math Goorrh Bimal Sathasangath Aatham Rang Chalool Bhayaa ||	The True Guru's understanding is deep and profound. The Sat Sangat is His Pure Congregation. His Soul is drenched in the deep crimson color of the Lord's Love.	ਗੁਰੂ (ਰਾਮਦਾਸ ਜੀ) ਦੀ ਮੱਤ ਡੂੰਘੀ ਹੈ, (ਆਪ ਦੀ) ਨਿਰਮਲ ਸਤ ਸੰਗਤ ਹੈ; (ਅਤੇ ਆਪ ਦਾ) ਆਤਮਾ ਹਰੀ ਦੇ ਪਿਆਰ ਵਿਚ ਗੂੜ੍ਹਾ ਰੰਗਿਆ ਹੋਇਆ ਹੈ।
59428	1396	ਜਾਗ੍ਯਾ ਮਨੁ ਕਵਲੁ ਸਹਜਿ ਪਰਕਾਸ੍ਯਾ ਅਭੈ ਨਿਰੰਜਨੁ ਘਰਹਿ ਲਹਾ॥	ਜਾਗ੍ਯਾ: ਜਾਗਿਆ। ਪਰਕਾਸ੍ਯਾ:ਪਰਕਾਸਿਆ।ਅ-ਭੈ: ਪੋਲਾ ਬੋਲੋ	Jaagyaa Man Kaval Sehaj Parakaasyaa Abhai Niranjan Gharehi Lehaa ||	The Lotus of His mind remains awake and aware, illuminated with intuitive wisdom. In His own home, He has obtained the Fearless, Immaculate Lord.	(ਸਤਿਗੁਰੂ ਰਾਮਦਾਸ ਜੀ ਦਾ) ਮਨ ਜਾਗਿਆ ਹੋਇਆ ਹੈ, (ਉਹਨਾਂ ਦੇ ਹਿਰਦੇ ਦਾ) ਕਉਲ ਫੁੱਲ ਆਤਮਕ ਅਡੋਲਤਾ ਵਿਚ ਖਿੜਿਆ ਹੋਇਆ ਹੈ ਅਤੇ (ਉਹਨਾਂ ਨੇ) ਨਿਰਭਉ ਹਰੀ ਨੂੰ ਹਿਰਦੇ ਵਿਚ ਹੀ ਲੱਭ ਲਿਆ ਹੈ।
59429	1397	ਸਤਗੁਰਿ ਦਯਾਲਿ ਹਰਿ ਨਾਮੁ ਦ੍ਰਿੜ੍ਯਾਯਾ ਤਿਸੁ ਪ੍ਰਸਾਦਿ ਵਸਿ ਪੰਚ ਕਰੇ॥	ਦ-ਯਾਲਿ: ਦ ਮੁਕਤਾ,ਯਾ ਤਾਲੂ ਤੋਂ ਬੋਲ। ਦ੍ਰਿੜ੍ਯਾ-ਯਾ। ਵੱਸਿ	Sathagur Dhayaal Har Naam Dhrirrhaayaa This Prasaadh Vas Panch Karae ||	The Merciful True Guru has implanted the Lord's Name within me, and by His Grace, I have overpowered the five thieves.	ਦਇਆਲ ਗੁਰੂ (ਅਮਰਦਾਸ ਜੀ) ਨੇ (ਗੁਰੂ ਰਾਮਦਾਸ ਜੀ ਨੂੰ) ਨਾਮ ਦ੍ਰਿੜ੍ਹ ਕਰਾਇਆ ਹੈ (ਭਾਵ, ਜਪਾਇਆ ਹੈ); ਉਸ ਨਾਮ ਦੀ ਬਰਕਤਿ ਨਾਲ (ਗੁਰੂ ਰਾਮਦਾਸ ਜੀ ਨੇ) ਕਾਮਾਦਿਕ ਪੰਜਾਂ ਨੂੰ ਆਪਣੇ ਕਾਬੂ ਕੀਤਾ ਹੋਇਆ ਹੈ।

59430	1397	ਕਵਿ ਕਲ੍ਯ ਠਕੁਰ ਹਰਦਾਸ ਤਨੇ ਗੁਰ ਰਾਮਦਾਸ ਸਰ ਅਭਰ ਭਰੇ॥੩॥	ਗੁਰਮੁਖਿ ਕਲ੍ਯ ਭੱਟ।ਅ-ਭਰ। ਕਲ੍ਯ: ਕੱਲਿਅ	Kav Kaly Thakur Haradhaas Thanae Gur Raamadhaas Sar Abhar Bharae ||3||	So speaks KALL the poet: Guru Raam Daas, the son of Har Daas, fills the empty pools to overflowing. ||3||	ਹੇ ਕਲਜਜਸਹਾਰ ਕਵੀ! ਠਾਕੁਰ ਹਰਦਾਸ ਜੀ ਦੇ ਸੁਪੁੱਤ੍ਰ, ਗੁਰੂ ਰਾਮਦਾਸ ਜੀ (ਹਿਰਦੇ-ਰੂਪ) ਖ਼ਾਲੀ ਸਰੋਵਰਾਂ ਨੂੰ (ਨਾਮ-ਅੰਮ੍ਰਿਤ ਨਾਲ) ਭਰਨ ਵਾਲੇ ਹਨ ॥੩॥
59431	1397	ਅਨਭਉ ਉਨਮਾਨਿ ਅਕਲ ਲਿਵ ਲਾਗੀ ਪਾਰਸੁ ਭੇਟਿਆ ਸਹਜ ਘਰੇ॥	(ਅ-ਕਲ) ਕਲਪਣਾ ਰਹਿਤ ਬ੍ਰਹਮ। ਅਨ-ਭਉ	Anabho Ounamaan Akal Liv Laagee Paaras Bhaettiaa Sehaj Gharae ||	With intuitive detachment, He is lovingly attuned to the Fearless, Unmanifest Lord; He met with Guru Amar Daas, the Philosopher's Stone, within his own home.	(ਗੁਰੂ ਰਾਮਦਾਸ ਜੀ ਨੂੰ) ਵਿਚਾਰ ਦੁਆਰਾ ਗਿਆਨ ਪ੍ਰਾਪਤ ਹੋਇਆ ਹੈ, (ਆਪ ਦੀ) ਬ੍ਰਿਤੀ ਇਕ-ਰਸ ਵਿਆਪਕ ਹਰੀ ਨਾਲ ਜੁੜੀ ਹੋਈ ਹੈ। (ਗੁਰੂ ਰਾਮਦਾਸ ਜੀ ਨੂੰ ਗੁਰੂ ਅਮਰਦਾਸ) ਪਾਰਸ ਮਿਲ ਗਿਆ ਹੈ (ਜਿਸ ਦੀ ਬਰਕਤਿ ਨਾਲ ਗੁਰੂ ਰਾਮਦਾਸ) ਸਹਜ ਅਵਸਥਾ ਵਿਚ ਅੱਪੜ ਗਿਆ ਹੈ।
59432	1397	ਸਤਗੁਰ ਪਰਸਾਦਿ ਪਰਮਪਦੁ ਪਾਯਾ ਭਗਤਿ ਭਾਇ ਭੰਡਾਰ ਭਰੇ॥	ਪਾ-ਯਾ: ਯਾ ਤਾਲੂ ਤੋਂ ਬੋਲ	Sathagur Parasaadh Param Padh Paayaa Bhagath Bhaae Bhanddaar Bharae ||	By the Grace of the True Guru, He attained the supreme status; He is overflowing with the treasures of loving devotion.	ਸਤਿਗੁਰੂ (ਅਮਰਦਾਸ ਜੀ) ਦੀ ਕ੍ਰਿਪਾ ਨਾਲ (ਗੁਰੂ ਰਾਮਦਾਸ ਨੇ) ਉੱਚੀ ਪਦਵੀ ਪਾਈ ਹੈ ਅਤੇ ਭਗਤੀ ਦੇ ਪਿਆਰ ਨਾਲ (ਆਪ ਦੇ) ਖ਼ਜ਼ਾਨੇ ਭਰੇ ਪਏ ਹਨ।

59433	1397	ਮੇਟਿਆ ਜਨਮਾਂਤੁ ਮਰਣ ਭਉ ਭਾਗਾ ਚਿਤੁ ਲਾਗਾ ਸੰਤੋਖ ਸਰੇ॥		Maettiaa Janamaanth Maran Bho Bhaagaa Chith Laagaa Santhokh Sarae ||	He was released from reincarnation, and the fear of death was taken away. His consciousness is attached to the Lord, the Ocean of contentment.	ਗੁਰੂ ਰਾਮਦਾਸ ਜੀ ਨੇ (ਆਪਣਾ) ਜਨਮ ਮਰਨ ਮਿਟਾ ਲਿਆ ਹੋਇਆ ਹੈ, (ਗੁਰੂ ਰਾਮਦਾਸ ਜੀ ਦਾ) ਮੌਤ ਦਾ ਡਰ ਦੂਰ ਹੋ ਚੁਕਿਆ ਹੈ ਅਤੇ (ਉਹਨਾਂ ਦਾ) ਚਿੱਤ ਸੰਤੋਖ ਦੇ ਸਰੋਵਰ ਅਕਾਲ ਪੁਰਖ ਵਿਚ ਜੁੜਿਆ ਹੋਇਆ ਹੈ।
59434	1397	ਕਵਿ ਕਲ੍ਯ ਠਕੁਰ ਹਰਦਾਸ ਤਨੇ ਗੁਰ ਰਾਮਦਾਸ ਸਰ ਅਭਰ ਭਰੇ॥੪॥	ਕਲ੍ਯ: ਕੱਲਿਅ।ਅ-ਭਰ	Kav Kaly Thakur Haradhaas Thanae Gur Raamadhaas Sar Abhar Bharae ||4||	So speaks KALL the poet: Guru Raam Daas, the son of Har Daas, fills the empty pools to overflowing. ||4||	ਹੇ ਕਲਜਜਸਹਾਰ ਕਵੀ! ਠਾਕੁਰ ਹਰਦਾਸ ਜੀ ਦੇ ਸੁਪੁੱਤ੍ਰ ਗੁਰੂ ਰਾਮਦਾਸ ਜੀ (ਹਿਰਦੇ-ਰੂਪ) ਖ਼ਾਲੀ ਸਰੋਵਰਾਂ ਨੂੰ (ਨਾਮ-ਅੰਮ੍ਰਿਤ ਨਾਲ) ਭਰਨ ਵਾਲੇ ਹਨ ॥੪॥
59435	1397	ਅਭਰ ਭਰੇ ਪਾਯਉ ਅਪਾਰੁ ਰਿਦ ਅੰਤਰਿ ਧਾਰਿਓ॥	ਅ-ਭਰ।ਪਾ-ਯਉ:ਯ ਤਾਲੂ ਤੋਂ ਬੋਲੋ।	Abhar Bharae Paayo Apaar Ridh Anthar Dhhaariou ||	He fills the empty to overflowing; He has enshrined the Infinite within His heart.	(ਗੁਰੂ ਰਾਮਦਾਸ ਜੀ ਨੇ) ਖ਼ਾਲੀ ਹਿਰਦਿਆਂ ਦੇ ਭਰਨ ਵਾਲਾ ਬੇਅੰਤ ਹਰੀ ਲੱਭ ਲਿਆ ਹੈ, (ਆਪ ਨੇ ਬੇਅੰਤ ਹਰੀ ਨੂੰ ਆਪਣੇ) ਹਿਰਦੇ ਵਿਚ ਟਿਕਾਇਆ ਹੈ,
59436	1397	ਦੁਖਭੰਜਨੁ ਆਤਮ ਪ੍ਰਬੋਧੁ ਮਨਿ ਤਤੁ ਬੀਚਾਰਿਓ॥		Dhukh Bhanjan Aatham Prabodhh Man Thath Beechaariou ||	Within His mind, He contemplates the essence of reality, the Destroyer of pain, the Enlightener of the soul.	(ਅਤੇ ਆਪਣੇ) ਮਨ ਵਿਚ (ਉਸ) ਅਕਾਲ ਪੁਰਖ ਨੂੰ ਸਿਮਰਿਆ ਹੈ (ਜੋ) ਦੁੱਖਾਂ ਦਾ ਨਾਸ ਕਰਨ ਵਾਲਾ ਹੈ ਅਤੇ ਆਤਮਾ ਦੇ ਜਗਾਉਣ ਵਾਲਾ ਹੈ।

59437	1397	ਸਦਾ ਚਾਇ ਹਰਿ ਭਾਇ ਪ੍ਰੇਮ ਰਸੁ ਆਪੇ ਜਾਣਇ॥	ਜਾਣ-ਇ	Sadhaa Chaae Har Bhaae Praem Ras Aapae Jaanae ||	He yearns for the Lord's Love forever; He Himself knows the sublime essence of this Love.	(ਗੁਰੂ ਰਾਮਦਾਸ) ਨਿੱਤ ਖ਼ੁਸ਼ੀ ਵਿਚ (ਰਹਿੰਦਾ ਹੈ), ਹਰੀ ਦੇ ਪਿਆਰ ਵਿਚ (ਮਸਤ ਹੈ ਅਤੇ ਹਰੀ ਦੇ) ਪਿਆਰ ਦੇ ਸੁਆਦ ਨੂੰ ਉਹ ਆਪ ਹੀ ਜਾਣਦਾ ਹੈ।
59438	1397	ਸਤਗੁਰ ਕੈ ਪਰਸਾਦਿ ਸਹਜ ਸੇਤੀ ਰੰਗੁ ਮਾਣਇ॥	ਮਾਣ-ਇ	Sathagur Kai Parasaadh Sehaj Saethee Rang Maanae ||	By the Grace of the True Guru, He intuitively enjoys this Love.	(ਗੁਰੂ ਰਾਮਦਾਸ) ਸਤਗੁਰੂ (ਅਮਰਦਾਸ ਜੀ) ਦੀ ਕਿਰਪਾ ਦੁਆਰਾ ਆਤਮਕ ਅਡੋਲਤਾ ਨਾਲ ਆਨੰਦ ਮਾਣ ਰਿਹਾ ਹੈ।
59439	1397	ਨਾਨਕ ਪ੍ਰਸਾਦਿ ਅੰਗਦ ਸੁਮਤਿ ਗੁਰਿ ਅਮਰਿ ਅਮਰੁ ਵਰਤਾਇਓ॥	ਸੁ-ਮੱਤਿ	Naanak Prasaadh Angadh Sumath Gur Amar Amar Varathaaeiou ||	By the Grace of Guru Nanak, and the sublime teachings of Guru Angad, Guru Amar Daas broadcast the Lord's Command.	(ਗੁਰੂ) ਨਾਨਕ ਜੀ ਦੀ ਕਿਰਪਾ ਨਾਲ (ਅਤੇ ਗੁਰੂ) ਅੰਗਦ ਜੀ ਦੀ ਬਖ਼ਸ਼ੀ ਸੁੰਦਰ ਬੁੱਧ ਨਾਲ, ਗੁਰੂ ਅਮਰਦਾਸ ਜੀ ਨੇ ਅਕਾਲ ਪੁਰਖ ਦਾ ਹੁਕਮ ਵਰਤੋਂ ਵਿਚ ਲਿਆਂਦਾ ਹੈ,
59440	1397	ਗੁਰ ਰਾਮਦਾਸ ਕਲੂਚਰੈ ਤੈਂ ਅਟਲ ਅਮਰਪਦੁ ਪਾਇਓ॥੫॥	ਕਲੂਚਰੈ: ਅੱਧੇ ਯੱਯੇ ਹੇਠਾਂ ਔਂਕੜ, ਅੱਧੇ ਊੜੇ ਔਂਕੜ ਲਾ ਕੇ ਊੜਾ ਪੋਲਾ ਬੋਲੋ, ਕਲਉੱਚਰੈ। ਗੁਰਮੁਖਿ ਕਲ ਭੱਟ ਉਚਾਰਦੇ ਹਨ। ਅ-ਟਲ	Gur Raamadhaas Kalyaacharai Thain Attal Amar Padh Paaeiou ||5||	So speaks KALL: O Guru Raam Daas, You have attained the status of eternal and imperishable dignity. ||5||	ਕਵੀ ਕਲਜਜਸਹਾਰ ਆਖਦਾ ਹੈ (ਕਿ) ਹੇ ਗੁਰੂ ਰਾਮਦਾਸ ਜੀ! ਤੂੰ ਸਦਾ-ਥਿਰ ਰਹਿਣ ਵਾਲੇ ਅਬਿਨਾਸੀ ਹਰੀ ਦੀ ਪਦਵੀ ਪ੍ਰਾਪਤ ਕਰ ਲਈ ਹੈ ॥੫॥

59441	1397	ਸੰਤੋਖ ਸਰੋਵਰਿ ਬਸੈ ਅਮਿਅ ਰਸੁ ਰਸਨ ਪ੍ਰਕਾਸੈ॥		Santhokh Sarovar Basai Amia Ras Rasan Prakaasai ||	You abide in the pool of contentment; Your tongue reveals the Ambrosial Essence.	(ਗੁਰੂ ਰਾਮਦਾਸ) ਸੰਤੋਖ ਦੇ ਸਰੋਵਰ ਵਿਚ ਵੱਸਦਾ ਹੈ, (ਅਤੇ ਆਪਣੀ) ਜੀਭ ਨਾਲ ਨਾਮ-ਅੰਮ੍ਰਿਤ ਦੇ ਸੁਆਦ ਨੂੰ ਪਰਗਟ ਕਰਦਾ ਹੈ।
59442	1397	ਮਿਲਤ ਸਾਂਤਿ ਉਪਜੈ ਦੁਰਤੁ ਦੂਰੰਤਰਿ ਨਾਸੈ॥		Milath Saanth Oupajai Dhurath Dhooranthar Naasai ||	Meeting with You, a tranquil peace wells up, and sins run far away.	(ਗੁਰੂ ਰਾਮਦਾਸ ਜੀ ਦਾ) ਦਰਸ਼ਨ ਕੀਤਿਆਂ (ਹਿਰਦੇ ਵਿਚ) ਠੰਢ ਪੈਦਾ ਹੁੰਦੀ ਹੈ ਅਤੇ ਪਾਪ ਦੂਰੋਂ ਹੀ (ਵੇਖ ਕੇ) ਨਾਸ ਹੋ ਜਾਂਦਾ ਹੈ।
59443	1397	ਸੁਖਸਾਗਰੁ ਪਾਇਅਉ ਦਿੰਤੁ ਹਰਿ ਮਗਿ ਨ ਹੁਟੈ॥	(ਦਿੰਤੁ) ਬ੍ਰਹਮ ਪ੍ਰਕਾਸ਼ਵਾਨ। ਹੁੱਟੈ	Sukh Saagar Paaeiao Dhinth Har Mag N Huttai ||	You have attained the Ocean of peace, and You never grow tired on the Lord's path.	(ਗੁਰੂ ਰਾਮਦਾਸ ਜੀ ਨੇ ਗੁਰੂ ਅਮਰਦਾਸ ਜੀ ਦਾ) ਦਿੱਤਾ ਹੋਇਆ ਸੁਖਾਂ ਦਾ ਸਾਗਰ (ਪ੍ਰਭੂ-ਮਿਲਾਪ) ਪ੍ਰਾਪਤ ਕੀਤਾ ਹੈ, (ਤਾਹੀਏਂ ਗੁਰੂ ਰਾਮਦਾਸ) ਹਰੀ ਦੇ ਰਾਹ ਵਿਚ (ਤੁਰਦਾ ਹੋਇਆ) ਥੱਕਦਾ ਨਹੀਂ ਹੈ।
59444	1397	ਸੰਜਮੁ ਸਤੁ ਸੰਤੋਖੁ ਸੀਲ ਸੰਨਾਹੁ ਮਫੁਟੈ॥	(ਸੰਨਾਹੁ) ਸੰਜੋਅ। (ਮਫੁੱਟੈ) ਨਾ ਫੁੱਟਣ ਵਾਲੀ	Sanjam Sath Santhokh Seel Sannaahu Mafuttai ||	The armor of self-restraint, truth, contentment and humility can never be pierced.	(ਗੁਰੂ ਰਾਮਦਾਸ ਜੀ ਦਾ) ਸੰਜਮ ਸਤ ਸੰਤੋਖ ਤੇ ਮਿੱਠਾ ਸੁਭਾਉ-ਰੂਪ ਸੰਜੋਅ (ਅਜਿਹਾ ਹੈ ਕਿ ਉਹ) ਟੁੱਟਦਾ ਨਹੀਂ ਹੈ; (ਭਾਵ, ਆਪ ਸਦਾ ਇਹਨਾਂ ਗੁਣਾਂ-ਸੰਜੁਕਤ ਹਨ)।
59445	1397	ਸਤਿਗੁਰੁ ਪ੍ਰਮਾਣੁ ਬਿਧ ਨੈ ਸਿਰਿਉ ਜਗਿ ਜਸ ਤੂਰੁ ਬਜਾਇਅਉ॥	(ਬਿਧ) ਕਰਤਾਰ ਜੀ। ਜਸ ਦਾ (ਤੂਰੁ) ਵਾਜਾ	Sathigur Pramaan Bidhh Nai Sirio Jag Jas Thoor Bajaaeiao ||	The Creator Lord certified the True Guru, and now the world blows the trumpet of His Praises.	(ਗੁਰੂ ਰਾਮਦਾਸ ਜੀ ਨੂੰ) ਕਰਤਾਰ ਨੇ ਗੁਰੂ (ਅਮਰਦਾਸ ਜੀ) ਦੇ ਤੁੱਲ ਬਣਾਇਆ ਹੈ, ਜਗਤ ਨੇ (ਆਪ ਦੀ) ਸੋਭਾ ਦਾ ਵਾਜਾ ਵਜਾਇਆ ਹੈ।

59446	1397	ਗੁਰ ਰਾਮਦਾਸ ਕਲ੍ਯੁਚਰੈ ਤੈ ਅਭੈ ਅਮਰਪਦੁ ਪਾਇਅਉ॥੬॥		Gur Raamadhaas Kalyaacharai Thai Abhai Amar Padh Paaeiao ||6||	So speaks KALL: O Guru Raam Daas, You have attained the state of fearless immortality. ||6||	ਕਵੀ ਕਲਜਜਸਹਾਰ ਆਖਦਾ ਹੈ ਕਿ "ਹੇ ਗੁਰੂ ਰਾਮਦਾਸ! ਤੂੰ ਨਿਰਭਉ ਅਤੇ ਅਬਿਨਾਸੀ ਹਰੀ ਦੀ ਪਦਵੀ ਪਾ ਲਈ ਹੈ" ॥੬॥
59447	1397	ਜਗੁ ਜਿਤਉ ਸਤਿਗੁਰ ਪ੍ਰਮਾਣਿ ਮਨਿ ਏਕੁ ਧਿਆਯਉ॥	ਜਿੱਤਉ। ਧਿਆ-ਯਉ: ਯ ਤਾਲੂ ਤੋਂ ਬੋਲੋ	Jag Jitho Sathigur Pramaan Man Eaek Dhhiaayo ||	O certified True Guru, You have conquered the world; You meditate single-mindedly on the One Lord.	(ਗੁਰੂ ਰਾਮਦਾਸ ਜੀ ਨੇ) ਗੁਰੂ (ਅਮਰਦਾਸ ਜੀ) ਵਾਂਗ ਜਗਤ ਨੂੰ ਜਿੱਤਿਆ ਹੈ ਅਤੇ (ਆਪਣੇ) ਮਨ ਵਿਚ ਇੱਕ (ਅਕਾਲ ਪੁਰਖ) ਨੂੰ ਸਿਮਰਿਆ ਹੈ।
59448	1397	ਧਨਿ ਧਨਿ ਸਤਿਗੁਰ ਅਮਰਦਾਸੁ ਜਿਨਿ ਨਾਮੁ ਦ੍ਰਿੜਾਯਉ॥	ਦ੍ਰਿੜਾ-ਯਉ: ਯ ਤਾਲੂ ਤੋਂ ਬੋਲੋ।	Dhhan Dhhan Sathigur Amaradhaas Jin Naam Dhrirraayo ||	Blessed, blessed is Guru Amar Daas, the True Guru, who implanted the Naam, the Name of the Lord, deep within.	ਸਤਿਗੁਰੂ ਅਮਰਦਾਸ ਧੰਨ ਹੈ, ਜਿਸ ਨੇ (ਗੁਰੂ ਰਾਮਦਾਸ ਜੀ ਨੂੰ) ਨਾਮ ਦ੍ਰਿੜ੍ਹ ਕਰਾਇਆ ਹੈ।
59449	1397	ਨਵ ਨਿਧਿ ਨਾਮੁ ਨਿਧਾਨੁ ਰਿਧਿ ਸਿਧਿ ਤਾ ਕੀ ਦਾਸੀ॥		Nav Nidhh Naam Nidhhaan Ridhh Sidhh Thaa Kee Dhaasee ||	The Naam is the wealth of the nine treasures; prosperity and supernatural spiritual powers are His slaves.	(ਗੁਰੂ ਰਾਮਦਾਸ ਜੀ ਨੂੰ) ਨਾਮ-ਖ਼ਜ਼ਾਨਾ ਮਿਲ ਗਿਆ ਹੈ, (ਮਾਨੋ) ਨੌ ਨਿਧੀਆਂ ਪ੍ਰਾਪਤ ਹੋ ਗਈਆਂ ਹਨ। ਸਭ ਰਿੱਧੀਆਂ ਤੇ ਸਿੱਧੀਆਂ ਉਸ ਦੀਆਂ ਦਾਸੀਆਂ ਹਨ।

59450	1397	ਸਹਜ ਸਰੋਵਰੁ ਮਿਲਿਓ ਪੁਰਖੁ ਭੇਟਿਓ ਅਬਿਨਾਸੀ॥		Sehaj Sarovar Miliou Purakh Bhaettiou Abinaasee ||	He is blessed with the ocean of intuitive wisdom; He has met with the Imperishable Lord God.	(ਗੁਰੂ ਰਾਮਦਾਸ ਜੀ ਨੂੰ) ਸ਼ਾਂਤੀ ਦਾ ਸਰੋਵਰ ਹਰੀ ਮਿਲ ਪਿਆ ਹੈ, ਅਬਿਨਾਸ਼ੀ ਸਰਬ-ਵਿਆਪਕ ਪ੍ਰਭੂ ਮਿਲ ਪਿਆ ਹੈ।
59451	1397	ਆਦਿਲੇ ਭਗਤ ਜਿਤੁ ਲਗਿ ਤਰੇ ਸੋ ਗੁਰਿ ਨਾਮੁ ਦ੍ਰਿੜਾਇਅਉ॥	(ਆਦਿਲੇ) ਪਹਿਲੇ। ਲੱਗਿ	Aadh Lae Bhagath Jith Lag Tharae So Gur Naam Dhrirraaeiao ||	The Guru has implanted the Naam deep within; attached to the Naam, the devotees have been carried across since ancient times.	ਜਿਸ (ਨਾਮ) ਵਿਚ ਲੱਗ ਕੇ ਮੁੱਢ ਤੋਂ ਹੀ ਭਗਤ ਤਰਦੇ ਆਏ ਹਨ, ਉਹ ਨਾਮ ਗੁਰੂ (ਅਮਰਦਾਸ ਜੀ) ਨੇ (ਗੁਰੂ ਰਾਮਦਾਸ ਜੀ) ਨੂੰ ਦ੍ਰਿੜ੍ਹ ਕਰਾਇਆ ਹੈ।
59452	1397	ਗੁਰ ਰਾਮਦਾਸ ਕਲ੍ਯੁਚਰੈ ਤੈ ਹਰਿ ਪ੍ਰੇਮ ਪਦਾਰਥੁ ਪਾਇਅਉ॥੭॥		Gur Raamadhaas Kalyaacharai Thai Har Praem Padhaarathh Paaeiao ||7||	So speaks KALL: O Guru Raam Daas, You have obtained the wealth of the Lord's Love. ||7||	ਕਵੀ ਕਲਜਜਸਹਾਰ ਆਖਦਾ ਹੈ ਕਿ 'ਹੇ ਗੁਰੂ ਰਾਮਦਾਸ ਜੀ! ਤੂੰ ਅਕਾਲ ਪੁਰਖ ਦੇ ਪਿਆਰ ਦਾ (ਉੱਤਮ) ਪਦਾਰਥ ਪਾ ਲਿਆ ਹੈ' ॥੭॥
59453	1397	ਪ੍ਰੇਮ ਭਗਤਿ ਪਰਵਾਹ ਪ੍ਰੀਤਿ ਪੁਬਲੀ ਨ ਹੁਟਇ॥	(ਪੁਬਲੀ) ਪਹਿਲੀ ਪ੍ਰਬਲ ਪੂਰਨ ਪ੍ਰੀਤ ਦਾ ਪ੍ਰਵਾਹ, ਅੰਦਰ ਵਹਿ ਰਿਹਾ ਹੈ। (ਹੁੱਟ-ਇ) ਹਟਦੀ ਨਹੀਂ	Praem Bhagath Paravaah Preeth Pubalee N Huttae ||	The flow of loving devotion and primal love does not stop.	(ਗੁਰੂ ਰਾਮਦਾਸ ਜੀ ਦੇ ਹਿਰਦੇ ਵਿਚ) ਅਕਾਲ ਪੁਰਖ ਦੀ ਪਿਆਰ-ਭਰੀ ਭਗਤੀ ਦੇ ਚਸ਼ਮੇ ਚੱਲ ਰਹੇ ਹਨ। (ਗੁਰੂ ਰਾਮਦਾਸ ਜੀ ਦੀ ਅਕਾਲ ਪੁਰਖ ਨਾਲ ਜੋ) ਪੂਰਬਲੀ ਪ੍ਰੀਤ (ਹੈ ਉਹ) ਮੁੱਕਦੀ ਨਹੀਂ ਹੈ;

59454	1397	ਸਤਿਗੁਰ ਸਬਦੁ ਅਥਾਹੁ ਅਮਿਅ ਧਾਰਾ ਰਸੁ ਗੁਟਇ॥	ਗੁੱਟ-ਇ	Sathigur Sabadh Athhaahu Amia Dhhaaraa Ras Guttae ||	The True Guru drinks in the stream of nectar, the sublime essence of the Shabad, the Infinite Word of God.	ਗੁਰੂ (ਅਮਰਦਾਸ ਜੀ) ਦਾ (ਜੋ) ਅਥਾਹ ਸ਼ਬਦ (ਹੈ, ਉਸ ਦੁਆਰਾ ਗੁਰੂ ਰਾਮਦਾਸ) ਨਾਮ-ਅੰਮ੍ਰਿਤ ਦੀਆਂ ਧਾਰਾਂ ਦਾ ਸੁਆਦ ਗਟ ਗਟ ਕਰ ਕੇ ਲੈ ਰਿਹਾ ਹੈ।
59455	1397	ਮਤਿ ਮਾਤਾ ਸੰਤੋਖੁ ਪਿਤਾ ਸਰਿ ਸਹਜ ਸਮਾਯਉ॥	ਵਿਆਪਕ ਬ੍ਰਹਮ (ਸਰਿ) ਸਮੁੰਦ੍ਰ । (ਸਹਜ) ਸ਼ਾਂਤੀ, (ਸਮਾ-ਯਉ): ਯ ਤਾਲੂ ਤੋਂ ਬੋਲੋ	Math Maathaa Santhokh Pithaa Sar Sehaj Samaayo ||	Wisdom is His mother, and contentment is His father; He is absorbed in the ocean of intuitive peace and poise.	(ਉੱਚੀ) ਮੱਤ (ਗੁਰੂ ਰਾਮਦਾਸ ਜੀ ਦੀ) ਮਾਤਾ ਹੈ ਤੇ ਸੰਤੋਖ (ਆਪ ਦਾ) ਪਿਤਾ ਹੈ (ਭਾਵ, ਆਪ ਇਹਨਾਂ ਗੁਣਾਂ ਵਿਚ ਜੰਮੇ-ਪਲੇ ਹਨ, ਆਪ ਉੱਚੀ ਬੁੱਧ ਵਾਲੇ ਤੇ ਪੂਰਨ ਸੰਤੋਖੀ ਹਨ)। (ਗੁਰੂ ਰਾਮਦਾਸ) ਸਦਾ ਸ਼ਾਂਤੀ ਦੇ ਸਰੋਵਰ ਵਿਚ ਚੁੱਭੀ ਲਾਈ ਰੱਖਦਾ ਹੈ।
59456	1397	ਆਜੋਨੀ ਸੰਭਵਿਅਉ ਜਗਤੁ ਗੁਰ ਬਚਨਿ ਤਰਾਯਉ॥	(ਆਜੋਨੀ) ਅਜੂਨੀ ਸਰੂਪ ਹੁੰਦਿਆਂ (ਸੰ) ਸੁਤੇ ਪ੍ਰਕਾਸ਼ ਸਹਿਤ, (ਭਵਿਅਉ) ਪ੍ਰਗਟੇ। ਸੰ-ਭਵਿਅਉ, ਤਰਾ-ਯਉ	Aajonee Sanbhaviao Jagath Gur Bachan Tharaayo ||	The Guru is the Embodiment of the Unborn, Self-illumined Lord; by the Word of His Teachings, the Guru carries the world across.	(ਗੁਰੂ ਰਾਮਦਾਸ) ਜੂਨਾਂ ਤੋਂ ਰਹਿਤ ਤੇ ਸੁਤੇ-ਪ੍ਰਕਾਸ਼ ਹਰੀ ਦਾ ਰੂਪ ਹੈ। ਸੰਸਾਰ ਨੂੰ (ਆਪ ਨੇ) ਸਤਿਗੁਰੂ ਦੇ ਬਚਨ ਨਾਲ ਤਾਰ ਦਿੱਤਾ ਹੈ।
59457	1397	ਅਬਿਗਤ ਅਗੋਚਰੁ ਅਪਰ ਪਰੁ ਮਨਿ ਗੁਰ ਸਬਦੁ ਵਸਾਇਅਉ॥	ਅਬਿ-ਗਤ	Abigath Agochar Aparapar Man Gur Sabadh Vasaaeiao ||	Within His mind, the Guru has enshrined the Shabad, the Word of the Unseen, Unfathomable, Infinite Lord.	(ਗੁਰੂ ਰਾਮਦਾਸ) ਅਦ੍ਰਿਸ਼ਟ ਅਗੋਚਰ ਤੇ ਬੇਅੰਤ ਹਰੀ ਦਾ ਰੂਪ ਹੈ। (ਆਪ ਨੇ ਆਪਣੇ) ਮਨ ਵਿਚ ਸਤਿਗੁਰੂ ਦਾ ਸ਼ਬਦ ਵਸਾਇਆ ਹੈ।

59458	1397	ਗੁਰ ਰਾਮਦਾਸ ਕਲ੍ਯੁਚਰੈ ਤੈ ਜਗਤ ਉਧਾਰਣੁ ਪਾਇਅਉ॥੮॥	ਕਲ੍ਯੁਚਰੈ: ਕਲਉੱਚਰੈ, ਉੂੜਾ ਪੋਲਾ ਬੋਲੋ	Gur Raamadhaas Kalyaacharai Thai Jagath Oudhhaaran Paaeiao ||8||	So speaks KALL: O Guru Raam Daas, You have attained the Lord, the Saving Grace of the world. ||8||	ਕਵੀ ਕਲਜਜਸਹਾਰ ਆਖਦਾ ਹੈ ਕਿ 'ਹੇ ਗੁਰੂ ਰਾਮਦਾਸ! ਤੂੰ ਜਗਤ ਨੂੰ ਤਾਰਨ ਵਾਲਾ ਅਕਾਲ ਪੁਰਖ ਲੱਭ ਲਿਆ ਹੈ' ॥੮॥
59459	1397	ਜਗਤ ਉਧਾਰਣੁ ਨਵ ਨਿਧਾਨੁ ਭਗਤਹ ਭਵ ਤਾਰਣੁ॥	ਭਗ-ਤਹ	Jagath Oudhhaaran Nav Nidhhaan Bhagatheh Bhav Thaaran ||	The Saving Grace of the world, the nine treasures, carries the devotees across the world-ocean.	ਭਗਤ ਜਨਾਂ ਨੂੰ ਸੰਸਾਰ-ਸਾਗਰ ਤੋਂ ਪਾਰ ਕਰਨ ਦੇ ਸਮਰੱਥ, ਨਿਧਿਆਂ ਦਾ ਭੰਡਾਰ ਹੈ, ਸੰਸਾਰ ਨੂੰ ਤਾਰਨ ਵਾਸਤੇ ਸਮ੍ਰਥ-
59460	1397	ਅੰਮ੍ਰਿਤ ਬੂੰਦ ਹਰਿ ਨਾਮੁ ਬਿਸੁ ਕੀ ਬਿਖੈ ਨਿਵਾਰਣੁ॥		Anmrith Boondh Har Naam Bis Kee Bikhai Nivaaran ||	The Drop of Ambrosial Nectar, the Lord's Name, is the antidote to the poison of sin.	(ਸਤਿਗੁਰੂ ਰਾਮਦਾਸ ਜੀ ਦੇ ਪਾਸ) ਹਰੀ ਦਾ ਨਾਮ (ਮਾਨੋ) ਅੰਮ੍ਰਿਤ ਦੀ ਬੂੰਦ ਹੈ, ਜੋ ਸਾਰੇ ਸੰਸਾਰ ਦੀ ਵਿਹੁ ਦੂਰ ਕਰਨ-ਜੋਗ ਹੈ।
59461	1397	ਸਹਜ ਤਰੋਵਰ ਫਲਿਓ ਗਿਆਨ ਅੰਮ੍ਰਿਤ ਫਲ ਲਾਗੇ॥		Sehaj Tharovar Faliou Giaan Anmrith Fal Laagae ||	The tree of intuitive peace and poise blossoms and bears the ambrosial fruit of spiritual wisdom.	ਗੁਰੂ ਰਾਮਦਾਸ ਆਤਮਕ ਅਡੋਲਤਾ ਦਾ ਸ੍ਰੇਸ਼ਟ ਰੁੱਖ ਹੈ ਜੋ ਫਲਿਆ ਹੋਇਆ ਹੈ, (ਇਸ ਰੁੱਖ ਨੂੰ) ਗਿਆਨ ਦੇ ਦੇਣ ਵਾਲੇ ਅੰਮ੍ਰਿਤ ਫਲ ਲੱਗੇ ਹੋਏ ਹਨ।
59462	1397	ਗੁਰ ਪ੍ਰਸਾਦਿ ਪਾਈਅਹਿ ਧੰਨਿ ਤੇ ਜਨ ਬਡਭਾਗੇ॥	ਪਾਈ-ਅਹਿ	Gur Prasaadh Paaeeahi Dhann Thae Jan Baddabhaagae ||	Blessed are those fortunate people who receive it, by Guru's Grace.	(ਇਹ ਫਲ) ਗੁਰੂ ਦੀ ਕਿਰਪਾ ਨਾਲ ਮਿਲਦੇ ਹਨ, ਤੇ ਉਹ ਮਨੁੱਖ ਧੰਨ ਅਤੇ ਵੱਡੇ ਭਾਗਾਂ ਵਾਲੇ ਹਨ, (ਜਿਨ੍ਹਾਂ ਨੂੰ ਇਹ ਫਲ ਪ੍ਰਾਪਤ ਹੋਏ ਹਨ)।

59463	1397	ਤੇ ਮੁਕਤੇ ਭਏ ਸਤਿਗੁਰ ਸਬਦਿ ਮਨਿ ਗੁਰ ਪਰਚਾ ਪਾਇਅਉ॥		Thae Mukathae Bheae Sathigur Sabadh Man Gur Parachaa Paaeiao ||	They are liberated through the Shabad, the Word of the True Guru; their minds are filled with the Guru's Wisdom.	ਉਹ ਮਨੁੱਖ ਸਤਿਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਮੁਕਤ ਹੋ ਗਏ ਹਨ, ਜਿਨ੍ਹਾਂ ਨੇ ਆਪਣੇ ਮਨ ਵਿਚ ਗੁਰੂ (ਰਾਮਦਾਸ ਜੀ) ਨਾਲ ਪਿਆਰ ਪਾਇਆ ਹੈ।
59464	1397	ਗੁਰ ਰਾਮਦਾਸ ਕਲ੍ਯੁਚਰੈ ਤੈ ਸਬਦ ਨੀਸਾਨੁ ਬਜਾਇਅਉ॥੯॥	ਕਲ੍ਯੁਚਰੈ: ਕਲਉਂਚਰੈ, ਉੂੜਾ ਪੋਲਾ ਬੋਲੋ	Gur Raamadhaas Kalyaacharai Thai Sabadh Neesaan Bajaaeiao ||9||	So speaks KALL: O Guru Raam Daas, You beat the drum of the Shabad. ||9||	ਕਵੀ ਕਲਜਜਸਹਾਰ ਆਖਦਾ ਹੈ ਕਿ 'ਹੇ ਗੁਰੂ ਰਾਮਦਾਸ! ਤੂੰ ਸ਼ਬਦ ਦਾ ਨਗਾਰਾ ਵਜਾਇਆ ਹੈ' ॥੯॥
59465	1398	ਸੇਜ ਸਧਾ ਸਹਜੁ ਛਾਵਾਣੁ ਸੰਤੋਖੁ ਸਰਾਇਚਉ ਸਦਾ ਸੀਲ ਸੰਨਾਹੁ ਸੋਹੈ॥	(ਸਧਾ) ਸ਼ਰਧਾ, (ਛਾਵਾਣੁ) ਚੰਦੋਆ, (ਸਰਾਇ-ਚਉ) ਕਨਾਤਾਂ	Saej Sadhhaa Sehaj Shhaavaan Santhokh Saraaeicho Sadhaa Seel Sannaahu Sohai ||	On the bed of faith, with the blankets of intuitive peace and poise and the canopy of contentment, You are embellished forever with the armor of humility.	(ਗੁਰੂ ਰਾਮਦਾਸ ਜੀ ਨੇ) ਸਰਧਾ ਨੂੰ (ਪਰਮਾਤਮਾ ਲਈ) ਸੇਜ ਬਣਾਇਆ ਹੈ, (ਆਪ ਦੇ) ਹਿਰਦੇ ਦਾ ਟਿਕਾਉ ਸ਼ਾਮੀਆਨਾ ਹੈ, ਸੰਤੋਖ ਕਨਾਤ ਹੈ ਅਤੇ ਨਿੱਤ ਦਾ ਮਿੱਠਾ ਸੁਭਾਉ ਸੰਜੋਅ ਹੈ।
59466	1398	ਗੁਰ ਸਬਦਿ ਸਮਾਚਰਿਓ ਨਾਮੁ ਟੇਕ ਸੰਗਾਦਿ ਬੋਹੈ॥	(ਸਮਾਚਰਿਓ) ਭਲੀ ਪ੍ਰਕਾਰ ਪ੍ਰਾਪਤ ਕਰਨਾ। (ਸੰਗਾਦਿ) ਸੰਗੀ ਆਦਿਕ। (ਬੋਹੈ) ਸੁਗੰਧੀ	Gur Sabadh Samaachariou Naam Ttaek Sangaadh Bohai ||	Through the Word of the Guru's Shabad, you practice the Naam; You lean on its Support, and give Your Fragrance to Your companions.	ਗੁਰੂ (ਅਮਰਦਾਸ ਜੀ) ਦੇ ਸ਼ਬਦ ਦੀ ਬਰਕਤਿ ਨਾਲ (ਆਪ ਨੇ) ਕਮਾਇਆ ਹੈ, (ਗੁਰੂ ਦੀ) ਟੇਕ (ਆਪ ਦੇ) ਸੰਗੀ ਆਦਿਕਾਂ ਨੂੰ ਸੁਗੰਧਿਤ ਕਰ ਰਹੀ ਹੈ।

59467	1398	ਆਜੋਨੀਉ ਭਲੁ ਅਮਲੁ ਸਤਿਗੁਰ ਸੰਗਿ ਨਿਵਾਸੁ॥	(ਭਲੁ) ਭਲੀ ਪ੍ਰਕਾਰ। ਭਲੁ: ਭਲਉ। ਅ-ਮਲੁ	Ajoneeo Bhalya Amal Sathigur Sang Nivaas ||	You abide with the Unborn Lord, the Good and Pure True Guru.	ਗੁਰੂ ਰਾਮਦਾਸ ਜਨਮ (ਮਰਨ) ਤੋਂ ਰਹਿਤ ਹੈ, ਭਲਾ ਹੈ ਅਤੇ ਸੁੱਧ-ਆਤਮਾ ਹੈ।
59468	1398	ਗੁਰ ਰਾਮਦਾਸ ਕਲੂਚਰੈ ਤੁਅ ਸਹਜ ਸਰੋਵਰਿ ਬਾਸੁ॥੧੦॥	ਕਲੂਚਰੈ: ਕਲਉਂਚਰੈ, ਉੂੜਾ ਪੋਲਾ ਬੋਲੋ	Gur Raamadhaas Kalyaacharai Thua Sehaj Sarovar Baas ||10||	So speaks KALL: O Guru Raam Daas, You abide in the sacred pool of intuitive peace and poise. ||10||	ਕਵੀ ਕਲਜਜਸਹਾਰ ਆਖਦਾ ਹੈ ਕਿ 'ਹੇ ਗੁਰੂ ਰਾਮਦਾਸ! ਤੇਰਾ ਵਾਸ ਆਤਮਕ ਅਡੋਲਤਾ ਦੇ ਸਰੋਵਰ ਵਿਚ ਹੈ' ॥੧੦॥
59469	1398	ਗੁਰੁ ਜਿਨ੍ ਕਉ ਸੁਪ੍ਰਸੰਨੁ ਨਾਮੁ ਹਰਿ ਰਿਦੈ ਨਿਵਾਸੈ॥	ਸੁਪ੍ਰਸੰਨੁ	Gur Jinh Ko Suprasann Naam Har Ridhai Nivaasai ||	The Lord's Name abides in the hearts of those who are pleasing to the Guru.	ਜਿਨ੍ਹਾਂ ਮਨੁੱਖਾਂ ਉਤੇ ਸਤਿਗੁਰੂ ਤ੍ਰੁੱਠਦਾ ਹੈ, (ਉਹਨਾਂ ਦੇ) ਹਿਰਦੇ ਵਿਚ ਅਕਾਲ ਪੁਰਖ ਦਾ ਨਾਮ ਵਸਾਉਂਦਾ ਹੈ।
59470	1398	ਜਿਨ੍ ਕਉ ਗੁਰੁ ਸੁਪ੍ਰਸੰਨੁ ਦੁਰਤੁ ਦੂਰੰਤਰਿ ਨਾਸੈ॥	ਸੁਪ੍ਰਸੰਨੁ	Jinh Ko Gur Suprasann Dhurath Dhooranthar Naasai ||	Sins run far away from those who are pleasing to the Guru.	ਜਿਨ੍ਹਾਂ ਉਤੇ ਗੁਰੂ ਤ੍ਰੁਠਦਾ ਹੈ, (ਉਹਨਾਂ ਤੋਂ) ਪਾਪ ਦੂਰੋਂ ਹੀ (ਵੇਖ ਕੇ) ਭੱਜ ਜਾਂਦਾ ਹੈ।
59471	1398	ਗੁਰੁ ਜਿਨ੍ ਕਉ ਸੁਪ੍ਰਸੰਨੁ ਮਾਨੁ ਅਭਿਮਾਨੁ ਨਿਵਾਰੈ॥	ਸੁਪ੍ਰਸੰਨੁ	Gur Jinh Ko Suprasann Maan Abhimaan Nivaarai ||	Those who are pleasing to the Guru eradicate pride and egotism from within.	ਜਿਨ੍ਹਾਂ ਉੱਤੇ ਸਤਿਗੁਰੂ ਖ਼ੁਸ਼ ਹੁੰਦਾ ਹੈ, ਉਹਨਾਂ ਮਨੁੱਖਾਂ ਦਾ ਅਹੰਕਾਰ ਦੂਰ ਕਰ ਦੇਂਦਾ ਹੈ।

59472	1398	ਜਿਨ੍ ਕਉ ਗੁਰੁ ਸੁਪ੍ਰਸੰਨੁ ਸਬਦਿ ਲਗਿ ਭਵਜਲੁ ਤਾਰੈ॥		Jinh Ko Gur Suprasann Sabadh Lag Bhavajal Thaarai ||	Those who are pleasing to the Guru are attached to the Shadad, the Word of God; they are carried across the terrifying world-ocean.	ਜਿਨ੍ਹਾਂ ਉੱਤੇ ਗੁਰੂ ਮਿਹਰ ਕਰਦਾ ਹੈ, ਉਹਨਾਂ ਮਨੁੱਖਾਂ ਨੂੰ ਸ਼ਬਦ ਵਿਚ ਜੋੜ ਕੇ ਇਸ ਸੰਸਾਰ-ਸਾਗਰ ਤੋਂ ਪਾਰ ਲੰਘਾ ਦੇਂਦਾ ਹੈ।
59473	1398	ਪਰਚਉ ਪ੍ਰਮਾਣੁ ਗੁਰ ਪਾਇਅਉ ਤਿਨ ਸਕਯਥਉ ਜਨਮੁ ਜਗਿ॥	ਸਕ-ਯ-ਥਉ: ਯ ਤਾਲੂ ਤੋਂ ਬੋਲੋ	Paracho Pramaan Gur Paaeiao Thin Sakayathho Janam Jag ||	Those who are blessed with the wisdom of the certified Guru - blessed and fruitful is their birth into the world.	ਜਿਨ੍ਹਾਂ ਮਨੁੱਖਾਂ ਨੇ ਸਤਿਗੁਰੂ ਦਾ ਪ੍ਰਮਾਣੀਕ ਉਪਦੇਸ਼ ਪ੍ਰਾਪਤ ਕੀਤਾ ਹੈ, ਉਹਨਾਂ ਦਾ ਜੰਮਣਾ ਜਗਤ ਵਿਚ ਸਫਲ ਹੋ ਗਿਆ ਹੈ।
59474	1398	ਸ੍ਰੀ ਗੁਰੂ ਸਰਣਿ ਭਜੁ ਕਲ੍ਯ ਕਬਿ ਭੁਗਤਿ ਮੁਕਤਿ ਸਭ ਗੁਰੂ ਲਗਿ॥੧੧॥	ਕਲ੍ਯ: ਕੱਲਿਅ। ਕਲ੍ਯ ਭੱਟ ਜੀ	Sree Guroo Saran Bhaj Kaly Kab Bhugath Mukath Sabh Guroo Lag ||11||	KALL the poet runs to the Sanctuary of the Great Guru; attached to the Guru, they are blessed with worldly enjoyments, liberation and everything. ||11||	ਹੇ ਕਵੀ ਕਲਜਜਸਹਾਰ! ਸਤਿਗੁਰ ਦੀ ਸਰਨੀ ਪਉ, ਗੁਰੂ ਦੀ ਸਰਨੀ ਪਿਆਂ ਹੀ ਮੁਕਤੀ ਅਤੇ ਸਾਰੇ ਪਦਾਰਥ (ਮਿਲ ਸਕਦੇ ਹਨ) ॥੧੧॥

59475	1398	ਸਤਿਗੁਰਿ ਖੇਮਾ ਤਾਣਿਆ ਜੁਗ ਜੂਥ ਸਮਾਣੇ॥	(ਜੂਥ) ਟੋਲਿਆਂ ਦੇ ਟੋਲੇ। ਖੇਮਾ: ਬਿੰਦੀ ਨਹੀਂ ਲਾਉਣੀ	Sathigur Khaemaa Thaaniaa Jug Joothh Samaanae ||	The Guru has pitched the tent; under it, all the ages are gathered.	ਸਤਿਗੁਰੂ (ਰਾਮਦਾਸ ਜੀ) ਨੇ (ਅਕਾਲ ਪੁਰਖ ਦੀ ਸਿਫ਼ਤ-ਸਾਲਾਹ-ਰੂਪ) ਚੰਦੋਆ ਤਾਣਿਆ ਹੈ, ਸਾਰੇ ਜੁਗ (ਭਾਵ, ਸਾਰੇ ਜੁਗਾਂ ਦੇ ਜੀਵ) ਉਸ ਦੇ ਹੇਠ ਆ ਟਿਕੇ ਹਨ (ਭਾਵ, ਸਭ ਜੀਵ ਹਰਿ ਜਸ ਕਰਨ ਲੱਗ ਪਏ ਹਨ)।
59476	1398	ਅਨਭਉ ਨੇਜਾ ਨਾਮੁ ਟੇਕ ਜਿਤੁ ਭਗਤ ਅਘਾਣੇ॥	ਅਨ-ਭਉ	Anabho Naejaa Naam Ttaek Jith Bhagath Aghaanae ||	He carries the spear of intuition, and takes the Support of Naam, the Name of the Lord, through which the devotees are fulfilled.	ਗਿਆਨ (ਆਪ ਦੇ ਹੱਥ ਵਿਚ) ਨੇਜਾ ਹੈ, ਅਕਾਲ ਪੁਰਖ ਦਾ ਨਾਮ (ਆਪ ਦਾ) ਆਸਰਾ ਹੈ, ਜਿਸ ਦੀ ਬਰਕਤਿ ਨਾਲ ਸਾਰੇ ਰੱਜ ਰਹੇ ਹਨ।
59477	1398	ਗੁਰੁ ਨਾਨਕੁ ਅੰਗਦੁ ਅਮਰੁ ਭਗਤ ਹਰਿ ਸੰਗਿ ਸਮਾਣੇ॥		Gur Naanak Angadh Amar Bhagath Har Sang Samaanae ||	Guru Nanak, Guru Angad and Guru Amar Daas, through devotional worship, have merged into the Lord.	(ਹਰਿ-ਨਾਮ ਰੂਪ ਟੇਕ ਦੀ ਬਰਕਤਿ ਨਾਲ) ਗੁਰੂ ਨਾਨਕ ਦੇਵ ਜੀ, ਗੁਰੂ ਅੰਗਦ ਸਾਹਿਬ, ਗੁਰੂ ਅਮਰਦਾਸ ਜੀ ਅਤੇ ਹੋਰ ਭਗਤ ਅਕਾਲ ਪੁਰਖ ਵਿਚ ਲੀਨ ਹੋਏ ਹਨ।
59478	1398	ਇਹੁ ਰਾਜ ਜੋਗ ਗੁਰ ਰਾਮਦਾਸ ਤੁਮ੍ਹ ਹੂ ਰਸੁ ਜਾਣੇ॥੧੨॥		Eihu Raaj Jog Gur Raamadhaas Thumh Hoo Ras Jaanae ||12||	O Guru Raam Daas, You alone know the taste of this Raja Yoga. ||12||	ਹੇ ਗੁਰੂ ਰਾਮਦਾਸ ਜੀ! ਆਪ ਨੇ ਭੀ ਰਾਜ ਜੋਗ ਦੇ ਇਸ ਸੁਆਦ ਨੂੰ ਪਛਾਣਿਆ ਹੈ ॥੧੨॥

59479	1398	ਜਨਕੁ ਸੋਇ ਜਿਨਿ ਜਾਣਿਆ ਉਨਮਨਿ ਰਥੁ ਧਰਿਆ॥		Janak Soe Jin Jaaniaa Ounaman Rathh Dhhariaa ||	He alone is enlightened like Janaka, who links the chariot of his mind to the state of ecstatic realization.	ਜਨਕ ਉਹ ਹੈ ਜਿਸ ਨੇ (ਅਕਾਲ ਪੁਰਖ ਨੂੰ ਜਾਣ ਲਿਆ ਹੈ, ਜਿਸ ਨੇ ਆਪਣੇ ਮਨ ਦੀ ਬ੍ਰਿਤੀ ਨੂੰ ਪੂਰਨ ਖਿੜਾਉ ਵਿਚ ਟਿਕਾਇਆ ਹੋਇਆ ਹੈ,
59480	1398	ਸਤੁ ਸੰਤੋਖੁ ਸਮਾਚਰੇ ਅਭਰਾ ਸਰੁ ਭਰਿਆ॥	(ਅ-ਭਰਾ) ਖ਼ਾਲੀ। ਸਮਾ-ਚਰੇ	Sath Santhokh Samaacharae Abharaa Sar Bhariaa ||	He gathers in truth and contentment, and fills up the empty pool within.	ਜਿਸ ਨੇ ਸਤ ਅਤੇ ਸੰਤੋਖ (ਆਪਣੇ ਅੰਦਰ) ਇਕੱਠੇ ਕੀਤੇ ਹਨ, ਅਤੇ ਜਿਸ ਨੇ ਇਸ ਨਾਹ ਰੱਜਣ ਵਾਲੇ ਮਨ ਨੂੰ ਤ੍ਰਿਪਤ ਕਰ ਲਿਆ ਹੈ।
59481	1398	ਅਕਥ ਕਥਾ ਅਮਰਾ ਪੁਰੀ ਜਿਸੁ ਦੇਇ ਸੁ ਪਾਵੈ॥	ਅ-ਕਥ: ਪੋਲਾ ਬੋਲੋ। ਦੇ-ਇ	Akathh Kathhaa Amaraa Puree Jis Dhaee S Paavai ||	He speaks the Unspoken Speech of the eternal city. He alone obtains it, unto whom God gives it.	ਅਡੋਲ ਆਤਮਕ ਅਵਸਥਾ ਦੀ (ਭਾਵ, ਜਨਕ ਵਾਲੀ) ਇਹ (ਉਪ੍ਰੋਕਤ) ਗੂਝ ਗੱਲ ਜਿਸ ਮਨੁੱਖ ਨੂੰ ਅਕਾਲ ਪੁਰਖ ਬਖ਼ਸ਼ਦਾ ਹੈ, ਉਹੀ ਪ੍ਰਾਪਤ ਕਰਦਾ ਹੈ (ਭਾਵ, ਇਹੋ ਜਿਹੀ ਜਨਕ-ਪਦਵੀ ਹਰੇਕ ਨੂੰ ਨਹੀਂ ਮਿਲਦੀ)।
59482	1398	ਇਹੁ ਜਨਕ ਰਾਜੁ ਗੁਰ ਰਾਮਦਾਸ ਤੁਝ ਹੀ ਬਣਿ ਆਵੈ॥੧੩॥	(ਜਨਕ) ਬ੍ਰਹਮ ਪਿਤਾ	Eihu Janak Raaj Gur Raamadhaas Thujh Hee Ban Aavai ||13||	O Guru Raam Daas, Your sovereign rule, like that of Janak, is Yours alone. ||13||	ਹੇ ਗੁਰੂ ਰਾਮਦਾਸ! ਇਹ ਜਨਕ-ਰਾਜ ਤੈਨੂੰ ਹੀ ਸੋਭਦਾ ਹੈ (ਭਾਵ, ਇਸ ਆਤਮਕ ਅਡੋਲਤਾ ਦਾ ਤੂੰ ਹੀ ਅਧਿਕਾਰੀ ਹੈਂ) ॥੧੩॥

59483	1398	ਸਤਿਗੁਰ ਨਾਮੁ ਏਕ ਲਿਵ ਮਨਿ ਜਪੈ ਦ੍ਰਿੜ ਤਿਨ੍ ਜਨ ਦੁਖ ਪਾਪੁ ਕਹੁ ਕਤ ਹੋਵੈ ਜੀਉ॥		Sathigur Naam Eaek Liv Man Japai Dhrirrha Thinh Jan Dhukh Paap Kahu Kath Hovai Jeeo ||	Tell me, how can sin and suffering cling to that humble being who chants the Naam, given by the Guru, with single-minded love and firm faith?	ਜੋ ਜੋ ਮਨੁੱਖ ਸਤਿਗੁਰੂ ਦਾ ਨਾਮ ਬ੍ਰਿਤੀ ਜੋੜ ਕੇ ਮਨ ਵਿਚ ਸਰਧਾ ਨਾਲ ਜਪਦਾ ਹੈ, ਦੱਸੋ ਜੀ, ਉਹਨਾਂ ਨੂੰ ਕਲੇਸ਼ ਤੇ ਪਾਪ ਕਦੋਂ ਪੋਹ ਸਕਦਾ ਹੈ?
59484	1398	ਤਾਰਣ ਤਰਣ ਖਿਨ ਮਾਤ੍ ਜਾ ਕਉ ਦ੍ਰਿਸ੍ਟਿ ਧਾਰੈ ਸਬਦੁ ਰਿਦ ਬੀਚਾਰੈ ਕਾਮੁ ਕ੍ਰੋਧੁ ਖੋਵੈ ਜੀਉ॥	ਜ਼ੋਰ ਜ਼ੁਲਮ ਔਗੁਣ ਵਿਕਾਰ ਸਾਗਰ ਤੋਂ ਤਾਰਨ ਲਈ, (ਤਰਣ) ਜਹਾਜ਼ ਰੂਪ ਹਨ। ਦ੍ਰਿਸ੍ਟਿ : ਅੱਧਾ ਟੈਂਕਾ ਪੋਲਾ ਬੋਲੋ	Thaaran Tharan Khin Maathr Jaa Ko Dhrist Dhhaarai Sabadh Ridh Beechaarai Kaam Krodhh Khovai Jeeo ||	When the Lord, the Boat to carry us across, bestows His Glance of Grace, even for an instant, the mortal contemplates the Shabad within his heart; unfulfilled sexual desire and unresolved anger are eradicated.	(ਸਤਿਗੁਰੂ, ਜੋ) ਜਗਤ ਨੂੰ ਤਾਰਨ ਲਈ (ਮਾਨੋ) ਜਹਾਜ਼ (ਹੈ) ਜਿਸ ਮਨੁੱਖ ਉਤੇ ਖਿਨ ਭਰ ਲਈ ਭੀ ਮਿਹਰ ਦੀ ਨਜ਼ਰ ਕਰਦਾ ਹੈ, ਉਹ ਮਨੁੱਖ (ਗੁਰੂ ਦੇ) ਸ਼ਬਦ ਨੂੰ ਹਿਰਦੇ ਵਿਚ ਵਿਚਾਰਦਾ ਹੈ ਤੇ (ਆਪਣੇ ਅੰਦਰੋਂ) ਕਾਮ ਕ੍ਰੋਧ ਨੂੰ ਗੰਵਾ ਦੇਂਦਾ ਹੈ।

59485	1398	ਜੀਅਨ ਸਭਨ ਦਾਤਾ ਅਗਮ ਗ੍ਯਾਨ ਬਿਖ੍ਯਾਤਾ ਅਹਿ ਨਿਸਿ ਧ੍ਯਾਨ ਧਾਵੈ ਪਲਕ ਨ ਸੋਵੈ ਜੀਉ॥	ਗਿਆਨ,ਬਿਖਿਆਤਾ,ਧਿਆਨ	Jeean Sabhan Dhaathaa Agam Gyaan Bikhyaathaa Ahinis Dhhyaan Dhhaavai Palak N Sovai Jeeo ||	The Guru is the Giver to all beings; He speaks the spiritual wisdom of the Unfathomable Lord, and meditates on Him day and night. He never sleeps, even for an instant.	(ਸਤਿਗੁਰੂ ਰਾਮਦਾਸ) ਸਾਰੇ ਜੀਵਾਂ ਦਾ ਦਾਤਾ ਹੈ, ਅਗਮ ਹਰੀ ਦੇ ਗਿਆਨ ਦੇ ਪ੍ਰਗਟ ਕਰਨ ਵਾਲਾ ਹੈ; ਦਿਨ ਰਾਤ ਹਰੀ ਦਾ ਧਿਆਨ ਧਾਰਦਾ ਹੈ ਅਤੇ ਪਲਕ ਭਰ ਭੀ ਗ਼ਾਫਲ ਨਹੀਂ ਹੁੰਦਾ।
59486	1398	ਜਾ ਕਉ ਦੇਖਤ ਦਰਿਦ੍ਰੁ ਜਾਵੈ ਨਾਮੁ ਸੋ ਨਿਧਾਨੁ ਪਾਵੈ ਗੁਰਮੁਖਿ ਗ੍ਯਾਨਿ ਦੁਰਮਤਿ ਮੈਲੁ ਧੋਵੈ ਜੀਉ॥	ਗਿਆਨ। ਦੁਰ-ਮੱਤਿ	Jaa Ko Dhaekhath Dharidhra Jaavai Naam So Nidhhaan Paavai Guramukh Gyaan Dhuramath Mail Dhhovai Jeeo ||	Seeing Him, poverty vanishes, and one is blessed with the treasure of the Naam, the Name of the Lord. The spiritual wisdom of the Guru's Word washes away the filth of evil-mindedness.	ਜੋ ਗੁਰਮੁਖ (ਗੁਰੂ ਰਾਮਦਾਸ ਦੇ ਦਿੱਤੇ) ਗਿਆਨ ਦੀ ਰਾਹੀਂ ਆਪਣੀ ਦੁਰਮੱਤ ਦੀ ਮੈਲ ਧੋਂਦਾ ਹੈ, ਨਾਮ-ਰੂਪ ਖ਼ਜ਼ਾਨਾ ਹਾਸਲ ਕਰ ਲੈਂਦਾ ਹੈ ਅਤੇ ਉਸ ਦਾ ਦਲਿਦ੍ਰ ਆਪ ਦੇ ਦਰਸ਼ਨ ਕੀਤਿਆਂ ਦੂਰ ਹੋ ਜਾਂਦਾ ਹੈ।
59487	1398	ਸਤਿਗੁਰ ਨਾਮੁ ਏਕ ਲਿਵ ਮਨਿ ਜਪੈ ਦ੍ਰਿੜੁ ਤਿਨ ਜਨ ਦੁਖ ਪਾਪ ਕਹੁ ਕਤ ਹੋਵੈ ਜੀਉ॥੧॥		Sathigur Naam Eaek Liv Man Japai Dhrirr Thin Jan Dhukh Paap Kahu Kath Hovai Jeeo ||1||	Tell me, how can sin and suffering cling to that humble being who chants the Naam, given by the Guru, with single-minded love and firm faith? ||1||	ਜੋ ਜੋ ਮਨੁੱਖ ਸਤਿਗੁਰੂ (ਰਾਮਦਾਸ) ਦਾ ਨਾਮ ਬ੍ਰਿਤੀ ਜੋੜ ਕੇ ਮਨ ਵਿਚ ਸਰਧਾ ਨਾਲ ਜਪਦਾ ਹੈ, ਦੱਸੋ ਜੀ, ਉਹਨਾਂ ਨੂੰ ਪਾਪ ਤੇ ਕਲੇਸ਼ ਪੋਹ ਸਕਦਾ ਹੈ? ॥੧॥

59488	1398	ਧਰਮ ਕਰਮ ਪੂਰੈ ਸਤਿਗੁਰੁ ਪਾਈ ਹੈ॥		Dhharam Karam Poorai Sathigur Paaee Hai ||	Dharmic faith and the karma of good deeds are obtained from the Perfect True Guru.	ਪੂਰੇ ਗੁਰੂ (ਰਾਮਦਾਸ ਜੀ) ਨੂੰ ਮਿਲਿਆਂ ਸਾਰੇ ਧਰਮ ਕਰਮ (ਪ੍ਰਾਪਤ ਹੋ ਜਾਂਦੇ ਹਨ);
59489	1398	ਜਾ ਕੀ ਸੇਵਾ ਸਿਧ ਸਾਧ ਮੁਨਿ ਜਨ ਸੁਰਿ ਨਰ ਜਾਚਹਿ ਸਬਦ ਸਾਰੁ ਏਕ ਲਿਵ ਲਾਈ ਹੈ॥		Jaa Kee Saevaa Sidhh Saadhh Mun Jan Sur Nar Jaachehi Sabadh Saar Eaek Liv Laaee Hai ||	The Siddhas and Holy Saadhus, the silent sages and angelic beings, yearn to serve Him; through the most excellent Word of the Shabad, they are lovingly attuned to the One Lord.	ਸਿੱਧ, ਸਾਧ ਮੁਨੀ ਲੋਕ, ਦੇਵਤੇ ਤੇ ਮਨੁੱਖ ਇਸ (ਗੁਰੂ ਰਾਮਦਾਸ ਦੀ) ਸੇਵਾ ਮੰਗਦੇ ਹਨ, (ਆਪ ਦਾ) ਸ਼ਬਦ ਸ੍ਰੇਸ਼ਟ ਹੈ ਤੇ (ਆਪ ਨੇ) ਇਕ (ਅਕਾਲ ਪੁਰਖ) ਨਾਲ ਬ੍ਰਿਤੀ ਜੋੜੀ ਹੋਈ ਹੈ।
59490	1398	ਫੁਨਿ ਜਾਨੈ ਕੋ ਤੇਰਾ ਅਪਾਰੁ ਨਿਰਭਉ ਨਿਰੰਕਾਰੁ ਅਕਥ ਕਥਨਹਾਰੁ ਤੁਝਹਿ ਬੁਝਾਈ ਹੈ॥	ਅ-ਕਥ: ਪੋਲਾ ਬੋਲੋ, ਬੁੱਝਾਈ	Fun Jaanai Ko Thaeraa Apaar Nirabho Nirankaar Akathh Kathhanehaar Thujhehi Bujhaaee Hai ||	Who can know Your limits? You are the Embodiment of the Fearless, Formless Lord. You are the Speaker of the Unspoken Speech; You alone understand this.	(ਹੇ ਗੁਰੂ ਰਾਮਦਾਸ!) ਕੌਣ ਤੇਰਾ (ਅੰਤ) ਪਾ ਸਕਦਾ ਹੈ? ਤੂੰ ਬੇਅੰਤ, ਨਿਰਭਉ ਨਿਰੰਕਾਰ (ਦਾ ਰੂਪ) ਹੈਂ। ਕਥਨ-ਜੋਗ ਅਕੱਥ ਹਰੀ ਦਾ ਗਿਆਨ ਤੈਨੂੰ ਹੀ ਮਿਲਿਆ ਹੈ।

59491	1398	ਭਰਮ ਭੂਲੇ ਸੰਸਾਰ ਛੁਟਹੁ ਜੂਨੀ ਸੰਘਾਰ ਜਮ ਕੋ ਨ ਡੰਡ ਕਾਲ ਗੁਰਮਤਿ ਧ੍ਯਾਈ ਹੈ॥	ਧ੍ਯਾਈ: ਧਿਆਈ	Bharam Bhoolae Sansaar Shhuttahu Joonee Sanghaar Jam Ko N Ddandd Kaal Guramath Dhhyaaee Hai ||	O foolish worldly mortal, you are deluded by doubt; give up birth and death, and you shall not be punished by the Messenger of Death. Meditate on the Guru's Teachings.	ਭਰਮਾਂ ਵਿਚ ਭੁੱਲੇ ਹੋਏ ਹੇ ਸੰਸਾਰੀ ਜੀਵ! ਗੁਰੂ (ਰਾਮਦਾਸ ਜੀ) ਦੀ ਮਤ ਲੈ ਕੇ (ਪ੍ਰਭੂ ਦਾ ਨਾਮ) ਸਿਮਰ, ਤੂੰ ਜਨਮ ਮਰਨ ਤੋਂ ਬਚ ਜਾਹਿੰਗਾ, ਤੇ ਜਮ ਦੀ ਭੀ ਤਾੜਨਾ ਨਹੀਂ ਹੋਵੇਗੀ।
59492	1398	ਮਨ ਪ੍ਰਾਣੀ ਮੁਗਧ ਬੀਚਾਰੁ ਅਹਿ ਨਿਸਿ ਜਪੁ ਧਰਮ ਕਰਮ ਪੂਰੈ ਸਤਿਗੁਰੁ ਪਾਈ ਹੈ॥੨॥		Man Praanee Mugadhh Beechaar Ahinis Jap Dhharam Karam Poorai Sathigur Paaee Hai ||2||	You foolish mortal being, reflect on this in your mind; chant and meditate day and night. Dharmic faith and the karma of good deeds are obtained from the Perfect True Guru. ||2||	ਹੇ ਮੂਰਖ ਮਨ! ਹੇ ਮੂਰਖ ਜੀਵ! ਵਿਚਾਰ ਕਰ ਤੇ ਦਿਨ ਰਾਤ (ਨਾਮ) ਸਿਮਰ। ਪੂਰੇ ਸਤਿਗੁਰੂ (ਰਾਮਦਾਸ ਜੀ) ਨੂੰ ਮਿਲਿਆਂ (ਸਾਰੇ) ਧਰਮ ਕਰਮ (ਪ੍ਰਾਪਤ ਹੋ ਜਾਂਦੇ ਹਨ) ॥੨॥
59493	1398	ਹਉ ਬਲਿ ਬਲਿ ਜਾਉ ਸਤਿਗੁਰ ਸਾਚੇ ਨਾਮ ਪਰ॥		Ho Bal Bal Jaao Sathigur Saachae Naam Par ||	I am a sacrifice, a sacrifice, to the True Name, O my True Guru.	ਸੱਚੇ ਸਤਿਗੁਰੂ (ਰਾਮਦਾਸ ਜੀ) ਦੇ ਨਾਮ ਤੋਂ ਸਦਕੇ ਜਾਵਾਂ।

59494	1398	ਕਵਨ ਉਪਮਾ ਦੇਉ ਕਵਨ ਸੇਵਾ ਸਰੇਉ ਏਕ ਮੁਖ ਰਸਨਾ ਰਸਹੁ ਜੁਗ ਜੋਰਿ ਕਰ॥		Kavan Oupamaa Dhaeo Kavan Saevaa Saraeo Eaek Mukh Rasanaa Rasahu Jug Jor Kar ||	What Praises can I offer to You? What service can I do for You? I have only one mouth and tongue; with my palms pressed together, I chant to You with joy and delight.	ਮੈਂ ਕਿਹੜੀ ਉਪਮਾ ਦਿਆਂ (ਭਾਵ, ਕੀਹ ਆਖਾਂ ਕਿਹੋ ਜਿਹਾ ਹੈ), ਮੈਂ ਕਿਹੜੀ ਸੇਵਾ ਕਰਾਂ? (ਹੇ ਮੇਰੇ ਮਨ!) ਦੋਵੇਂ ਹੱਥ ਜੋੜ ਕੇ ਸਨਮੁਖ ਹੋ ਕੇ ਜੀਭ ਨਾਲ ਸਿਮਰ (ਬੱਸ, ਇਹੀ ਉਪਮਾ ਤੇ ਇਹੀ ਸੇਵਾ ਹੈ)।
59495	1398	ਫੁਨਿ ਮਨ ਬਚ ਕ੍ਰਮ ਜਾਨੁ ਅਨਤ ਦੂਜਾ ਨ ਮਾਨੁ ਨਾਮੁ ਸੋ ਅਪਾਰੁ ਸਾਰੁ ਦੀਨੋ ਗੁਰਿ ਰਿਦ ਧਰ॥		Fun Man Bach Kram Jaan Anath Dhoojaa N Maan Naam So Apaar Saar Dheeno Gur Ridh Dhhar ||	In thought, word and deed, I know the Lord; I do not worship any other. The Guru has enshrined the most excellent Name of the Infinite Lord within my heart.	ਹੇ ਨਲਜਜ ਕਵੀ! ਅਤੇ ਹੋਰ (ਇਹ ਕੰਮ ਕਰ, ਕਿ) ਆਪਣੇ ਮਨ ਬਚਨਾਂ ਅਤੇ ਕਰਮਾਂ ਦੀ ਰਾਹੀਂ (ਉਸੇ ਨਾਮ ਨੂੰ) ਦ੍ਰਿੜ ਕਰ, ਕਿਸੇ ਹੋਰ ਨੂੰ ਨਾਹ ਜਪ, ਉਹ ਬੇਅੰਤ ਤੇ ਸ੍ਰੇਸ਼ਟ ਨਾਮ ਉਸ ਗੁਰੂ (ਰਾਮਦਾਸ ਜੀ) ਨੇ ਤੇਰੇ ਹਿਰਦੇ ਦਾ ਆਸਰਾ ਬਣਾ ਦਿੱਤਾ ਹੈ,

59496	1399	ਨਲ੍ਹ ਕਵਿ ਪਾਰਸ ਪਰਸ ਕਚ ਕੰਚਨਾ ਹੁਇ ਚੰਦਨਾ ਸੁਬਾਸੁ ਜਾਸੁ ਸਿਮਰਤ ਅਨ ਤਰ॥	ਗੁਰਮੁਖ ਭੱਟ ਨਲ੍ਹ ਜੀ। (ਕਚ) ਕੱਚ ਤੋਂ। (ਕੰਚਨਾ) ਸੋਨਾ, (ਅਨ) ਹੋਰ। (ਤਰ) ਬ੍ਰਿਛ ਵਾਂਗੂੰ। ਨਲ੍ਹ: ਨੱਲਿਅ।	Naly Kav Paaras Paras Kach Kanchanaa Hue Chandhanaa Subaas Jaas Simarath An Thar ||	So speaks NALL the poet: touching the Philosopher's Stone, glass is transformed into gold, and the sandalwood tree imparts its fragrance to other trees; meditating in remembrance on the Lord, I am transformed.	ਜਿਸ ਨੂੰ ਸਿਮਰਿਆਂ (ਇਉਂ ਹੋ ਜਾਈਦਾ ਹੈ ਜਿਵੇਂ) ਪਾਰਸ ਦੀ ਛੁਹ ਨਾਲ ਕੱਚ ਸੋਨਾ ਹੋ ਜਾਂਦਾ ਹੈ ਅਤੇ (ਚੰਦਨ ਦੀ ਛੁਹ ਨਾਲ) ਹੋਰ ਰੁੱਖਾਂ ਵਿਚ ਚੰਦਨ ਦੀ ਸੁਗੰਧੀ ਆ ਜਾਂਦੀ ਹੈ।
59497	1399	ਜਾ ਕੇ ਦੇਖਤ ਦੁਆਰੇ ਕਾਮ ਕ੍ਰੋਧ ਹੀ ਨਿਵਾਰੇ ਜੀ ਹਉ ਬਲਿ ਬਲਿ ਜਾਉ ਸਤਿਗੁਰ ਸਾਚੇ ਨਾਮ ਪਰ॥੩॥		Jaa Kae Dhaekhath Dhuaarae Kaam Krodhh Hee Nivaarae Jee Ho Bal Bal Jaao Sathigur Saachae Naam Par ||3||	Seeing His Door, I am rid of sexual desire and anger. I am a sacrifice, a sacrifice, to the True Name, O my True Guru. ||3||	ਜਿਸ ਗੁਰੂ (ਰਾਮਦਾਸ ਜੀ) ਦੇ ਦਰ ਦਾ ਦਰਸ਼ਨ ਕੀਤਿਆਂ ਕਾਮ ਕ੍ਰੋਧ (ਆਦਿਕ ਇਹ ਸਾਰੇ) ਦੂਰ ਹੋ ਜਾਂਦੇ ਹਨ, ਮੈਂ ਸਦਕੇ ਹਾਂ, ਉਸ ਸੱਚੇ ਗੁਰੂ ਦੇ ਨਾਮ ਤੋਂ ॥੩॥
59498	1399	ਰਾਜੁ ਜੋਗੁ ਤਖਤੁ ਦੀਅਨੁ ਗੁਰ ਰਾਮਦਾਸ॥		Raaj Jog Thakhath Dheean Gur Raamadhaas ||	Guru Raam Daas was blessed with the Throne of Raja Yoga.	ਉਸ (ਅਕਾਲ ਪੁਰਖ) ਨੇ ਗੁਰੂ ਰਾਮਦਾਸ (ਜੀ) ਨੂੰ ਰਾਜ ਤੇ ਜੋਗ (ਵਾਲਾ) ਤਖ਼ਤ ਦਿੱਤਾ ਹੈ।

59499	1399	ਪ੍ਰਥਮੇ ਨਾਨਕ ਚੰਦੁ ਜਗਤ ਭਯੋ ਆਨੰਦੁ ਤਾਰਨਿ ਮਨੁਖ੍ਯ ਜਨ ਕੀਅਉ ਪ੍ਰਗਾਸ॥	ਭ-ਯੋ: ਯ ਤਾਲੂ ਤੋਂ ਬੋਲੋ। ਮਨੁਖ੍ਯ: ਮਨੁੱਖਿਅ	Prathhamae Naanak Chandh Jagath Bhayo Aanandh Thaaran Manukhy Jan Keeao Pragaas ||	First, Guru Nanak illuminated the world, like the full moon, and filled it with bliss. To carry humanity across, He bestowed His Radiance.	ਪਹਿਲਾਂ ਗੁਰੂ ਨਾਨਕ ਦੇਵ ਜੀ ਚੰਦ੍ਰਮਾ (-ਰੂਪ ਪ੍ਰਗਟ ਹੋਏ), ਮਨੁੱਖਾਂ ਨੂੰ ਤਾਰਨ ਲਈ (ਆਪ ਨੇ) ਚਾਨਣਾ ਕੀਤਾ ਤੇ (ਸਾਰੇ) ਸੰਸਾਰ ਨੂੰ ਖ਼ੁਸ਼ੀ ਹੋਈ।
59500	1399	ਗੁਰ ਅੰਗਦ ਦੀਅਉ ਨਿਧਾਨੁ ਅਕਥ ਕਥਾ ਗਿਆਨੁ ਪੰਚ ਭੂਤ ਬਸਿ ਕੀਨੇ ਜਮਤ ਨ ਤ੍ਰਾਸ॥	(ਜਮਤ) ਜੰਮਣ ਮਰਨ ਦਾ (ਤ੍ਰਾਸ) ਡਰ।ਅ-ਕਥ। ਜਮਤ: ਪੋਲੇ ਬੋਲੋ। ਬੱਸਿ	Gur Angadh Dheeao Nidhhaan Akathh Kathhaa Giaan Panch Bhooth Bas Keenae Jamath N Thraas ||	He blessed Guru Angad with the treasure of spiritual wisdom, and the Unspoken Speech; He overcame the five demons and the fear of the Messenger of Death.	(ਫਿਰ ਗੁਰੂ ਨਾਨਕ ਦੇਵ ਨੇ) ਗੁਰੂ ਅੰਗਦ ਦੇਵ ਜੀ ਨੂੰ ਹਰੀ ਦੀ ਅਕੱਥ ਕਥਾ ਦਾ ਗਿਆਨ-ਰੂਪ ਖ਼ਜ਼ਾਨਾ ਬਖ਼ਸ਼ਿਆ, (ਜਿਸ ਕਰਕੇ ਗੁਰੂ ਅੰਗਦ ਦੇਵ ਨੇ) ਕਾਮਾਦਿਕ ਪੰਜੇ ਵੈਰੀ ਵੱਸ ਵਿਚ ਕਰ ਲਏ, ਤੇ (ਉਸ ਨੂੰ ਉਹਨਾਂ ਦਾ) ਡਰ ਨਾਹ ਰਿਹਾ।
59501	1399	ਗੁਰ ਅਮਰੁ ਗੁਰੂ ਸ੍ਰੀ ਸਤਿ ਕਲਿਜੁਗਿ ਰਾਖੀ ਪਤਿ ਅਘਨ ਦੇਖਤ ਗਤੁ ਚਰਨਕਵਲ ਜਾਸ॥	(ਅਗਨ) ਪਾਪ (ਗਤੁ) ਨਾਸ। ਅਗਨ, ਗਤੁ: ਪੋਲੇ ਬੋਲੋ	Gur Amar Guroo Sree Sath Kalijug Raakhee Path Aghan Dhaekhath Gath Charan Kaval Jaas ||	The Great and True Guru, Guru Amar Daas, has preserved honor in this Dark Age of Kali Yuga. Seeing His Lotus Feet, sin and evil are destroyed.	(ਫਿਰ ਗੁਰੂ ਅੰਗਦ ਦੇਵ ਦੀ ਛੁਹ ਨਾਲ) ਸ੍ਰੀ ਸਤਿਗੁਰੂ ਗੁਰੂ ਅਮਰਦਾਸ (ਪ੍ਰਗਟ ਹੋਇਆ), (ਉਸ ਨੇ) ਕਲਿਜੁਗ ਦੀ ਪਤਿ ਰੱਖੀ, ਆਪ ਦੇ ਚਰਨ ਕਮਲਾਂ ਦਾ ਦਰਸ਼ਨ ਕਰ ਕੇ (ਕਲਿਜੁਗ ਦੇ) ਪਾਪ ਭੱਜ ਗਏ।

59502	1399	ਸਭ ਬਿਧਿ ਮਾਨ੍ਹਿਉ ਮਨੁ ਤਬ ਹੀ ਭਯਉ ਪ੍ਰਸੰਨੁ ਰਾਜੁ ਜੋਗੁ ਤਖਤੁ ਦੀਅਨੁ ਗੁਰ ਰਾਮਦਾਸ॥੪॥	ਬਿਧਿ: ਪੋਲਾ ਬੋਲੋ। ਮਾਨ੍ਹਿਉ: ਮਾਨਿਅਉ। ਭ-ਯਉ ਯ ਤਾਲੂ ਤੋਂ ਬੋਲੋ	Sabh Bidhh Maaniyo Man Thab Hee Bhayo Prasann Raaj Jog Thakhath Dheean Gur Raamadhaas ||4||	When His mind was totally satisfied in every way, when He was totally pleased, He bestowed upon Guru Raam Daas the Throne of Raja Yoga. ||4||	(ਜਦੋਂ ਗੁਰੂ ਅਮਰਦਾਸ ਜੀ ਦਾ) ਮਨ ਪੂਰਨ ਤੌਰ ਤੇ ਪਤੀਜ ਗਿਆ, ਤਦੋਂ (ਉਹ ਗੁਰੂ ਰਾਮਦਾਸ ਜੀ ਉਤੇ) ਤੁੱਠੇ ਤੇ (ਉਹਨਾਂ) ਗੁਰੂ ਰਾਮਦੋਸ ਨੂੰ ਰਾਜ ਜੋਗ ਵਾਲਾ ਤਖ਼ਤ ਬਖ਼ਸ਼ਿਆ ॥੪॥
59503	1399	ਰਡ॥	ਰੱਡ	Radd ||	Radd:	
59504	1399	ਜਿਸਹਿ ਧਾਰ੍ਹਿਉ ਧਰਤਿ ਅਰੁ ਵਿਉਮੁ ਅਰੁ ਪਵਣੁ ਤੇ ਨੀਰ ਸਰ ਅਵਰ ਅਨਲ ਅਨਾਦਿ ਕੀਅਉ॥	(ਵਿਉਮੁ) ਅਕਾਸ਼, (ਅਨਲ) ਅਗਨੀ, (ਅਨਾਦਿ) ਅੰਨ ਆਦਿਕ। ਧਾਰ੍ਹਿਉ: ਧਾਰਿਅਉ	Jisehi Dhhaariyo Dhharath Ar Vioum Ar Pavan Thae Neer Sar Avar Anal Anaadh Keeao ||	He established the earth, the sky and the air, the water of the oceans, fire and food.	ਜਿਸ ਹਰੀ-ਨਾਮ ਨੇ ਧਰਤੀ ਤੇ ਅਕਾਸ਼ ਨੂੰ ਟਿਕਾ ਰੱਖਿਆ ਹੈ, ਅਤੇ ਜਿਸ ਨੇ ਪਵਣ, ਸਰੋਵਰਾਂ ਦੇ ਉਹ ਜਲ, ਅੱਗ ਤੇ ਅੰਨ ਆਦਿਕ ਪੈਦਾ ਕੀਤੇ ਹਨ,
59505	1399	ਸਸਿ ਰਿਖਿ ਨਿਸਿ ਸੂਰ ਦਿਨਿ ਸੈਲ ਤਰੂਅ ਫਲ ਫੁਲ ਦੀਅਉ॥	(ਰਿਖਿ) ਤਾਰੇ। ਫੁੱਲ	Sas Rikh Nis Soor Dhin Sail Tharooa Fal Ful Dheeao ||	He created the moon, the starts and the sun, night and day and mountains; he blessed the trees with flowers and fruits.	(ਜਿਸ ਦੀ ਬਰਕਤਿ ਨਾਲ) ਰਾਤ ਨੂੰ ਚੰਦ੍ਰਮਾ ਤੇ ਤਾਰੇ ਅਤੇ ਦਿਨ ਵੇਲੇ ਸੂਰਜ (ਚੜ੍ਹਦਾ ਹੈ), ਜਿਸ ਨੇ ਪਹਾੜ ਰਚੇ ਹਨ ਅਤੇ ਜਿਸ ਨੇ ਰੁੱਖਾਂ ਨੂੰ ਫਲ ਫੁੱਲ ਲਾਏ ਹਨ।

59506	1399	ਸੁਰਿ ਨਰ ਸਪਤ ਸਮੁਦ੍ਰ ਕਿਅ ਧਾਰਿਓ ਤ੍ਰਿਭਵਣ ਜਾਸੁ॥		Sur Nar Sapath Samudhr Kia Dhhaariou Thribhavan Jaas ||	He created the gods, human beings and the seven seas; He established the three worlds.	ਜਿਸ ਨੇ ਦੇਵਤੇ ਮਨੁੱਖ ਤੇ ਸੱਤ ਸਮੁੰਦਰ ਪੈਦਾ ਕੀਤੇ ਹਨ ਅਤੇ ਤਿੰਨੇ ਭਵਣ ਟਿਕਾ ਰੱਖੇ ਹਨ,
59507	1399	ਸੋਈ ਏਕੁ ਨਾਮੁ ਹਰਿ ਨਾਮੁ ਸਤਿ ਪਾਇਓ ਗੁਰ ਅਮਰ ਪ੍ਰਗਾਸੁ॥੧॥੫॥		Soee Eaek Naam Har Naam Sath Paaeiou Gur Amar Pragaas ||1||5||	Guru Amar Daas was blessed with the Light of the One Name, the True Name of the Lord. ||1||5||	ਉਹੀ ਇਕ ਹਰੀ-ਨਾਮ ਸਦਾ ਅਟੱਲ ਹੈ, (ਗੁਰੂ ਰਾਮਦਾਸ ਜੀ ਨੇ ਉਹੀ ਨਾਮ-ਰੂਪ) ਚਾਨਣਾ ਗੁਰੂ ਅਮਰਦਾਸ ਜੀ ਤੋਂ ਲੱਭਾ ਹੈ ॥੧॥੫॥
59508	1399	ਕਚਹੁ ਕੰਚਨੁ ਭਇਅਉ ਸਬਦੁ ਗੁਰ ਸ੍ਰਵਣਹਿ ਸੁਣਿਓ॥	ਕੱਚਹੁ	Kachahu Kanchan Bhaeiao Sabadh Gur Sravanehi Suniou ||	Glass is transformed into gold, listening to the Word of the Guru's Shabad.	(ਜਿਸ ਮਨੁੱਖ ਨੇ) ਗੁਰੂ ਦਾ ਸ਼ਬਦ ਕੰਨਾਂ ਨਾਲ ਸੁਣਿਆ ਹੈ, ਉਹ (ਮਾਨੋ) ਕੱਚ ਤੋਂ ਸੋਨਾ ਹੋ ਗਿਆ ਹੈ।
59509	1399	ਬਿਖੁ ਤੇ ਅੰਮ੍ਰਿਤੁ ਹੁਯਉ ਨਾਮੁ ਸਤਿਗੁਰ ਮੁਖਿ ਭਣਿਅਉ॥	ਹੁ-ਯਉ: ਯ ਤਾਲੂ ਤੋਂ ਬੋਲੋ	Bikh Thae Anmrith Huyo Naam Sathigur Mukh Bhaniao ||	Poison is transformed into ambrosial nectar, speaking the Name of the True Guru.	ਜਿਸ ਨੇ ਸਤਿਗੁਰੂ ਦਾ ਨਾਮ ਮੂੰਹੋਂ ਉਚਾਰਿਆ ਹੈ, ਉਹ ਵਿਹੁ ਤੋਂ ਅੰਮ੍ਰਿਤ ਬਣ ਗਿਆ ਹੈ।

59510	1399	ਲੋਹਉ ਹੋਯਉ ਲਾਲੁ ਨਦਰਿ ਸਤਿਗੁਰੁ ਜਦਿ ਧਾਰੈ॥	ਹੋ-ਯਉ	Loho Hoyo Laal Nadhar Sathigur Jadh Dhhaarai ||	Iron is transformed into jewels, when the True Guru bestows His Glance of Grace.	ਜੇ ਸਤਿਗੁਰੂ (ਮਿਹਰ ਦੀ) ਨਜ਼ਰ ਕਰੇ, ਤਾਂ (ਜੀਵ) ਲੋਹੇ ਤੋਂ ਲਾਲ ਬਣ ਜਾਂਦਾ ਹੈ।
59511	1399	ਪਾਹਣ ਮਾਣਕ ਕਰੈ ਗਿਆਨੁ ਗੁਰ ਕਹਿਅਉ ਬੀਚਾਰੈ॥		Paahan Maanak Karai Giaan Gur Kehiao Beechaarai ||	Stones are transformed into emeralds, when the mortal chants and contemplates the spiritual wisdom of the Guru.	ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਦੱਸੇ ਗਿਆਨ ਨੂੰ ਵਿਚਾਰ ਕੇ ਜਪਿਆ ਹੈ ਉਹਨਾਂ ਨੂੰ ਗੁਰੂ (ਮਾਨੇ) ਪੱਥਰਾਂ ਤੋਂ ਮਾਣਕ ਕਰ ਦੇਂਦਾ ਹੈ।
59512	1399	ਕਾਠਹੁ ਸ੍ਰੀਖੰਡ ਸਤਿਗੁਰਿ ਕੀਅਉ ਦੁਖ ਦਰਿਦ੍ਰ ਤਿਨ ਕੇ ਗਇਅ॥	(ਸ੍ਰੀਖੰਡ) ਚੰਦਨ। ਗ-ਇਅ	Kaathahu Sreekhandd Sathigur Keeao Dhukh Dharidhr Thin Kae Gaeia ||	The True Guru transforms ordinary wood into sandalwood, eradicating the pains of poverty.	ਉਹਨਾਂ ਮਨੁੱਖਾਂ ਦੇ ਦੁੱਖ ਦਰਦ੍ਰਿ ਦੂਰ ਹੋ ਗਏ ਹਨ ਅਤੇ ਸਤਿਗੁਰੂ ਨੇ ਉਹਨਾਂ ਨੂੰ (ਮਾਨੇ) ਕਾਠ ਤੋਂ ਚੰਦਨ ਬਣਾ ਦਿਤਾ ਹੈ,
59513	1399	ਸਤਿਗੁਰੂ ਚਰਨ ਜਿਨ੍ ਪਰਸਿਆ ਸੇ ਪਸੁ ਪਰੇਤ ਸੁਰਿ ਨਰ ਭਇਅ॥੨॥੬॥	ਭ-ਇਅ	Sathiguroo Charan Jinh Parasiaa Sae Pas Paraeth Sur Nar Bhaeia ||2||6||	Whoever touches the Feet of the True Guru, is transformed from a beast and a ghost into an angelic being. ||2||6||	ਜਿਨ੍ਹਾਂ ਨੇ ਸਤਿਗੁਰੂ ਦੇ ਚਰਨ ਪਰਸੇ ਹਨ, ਉਹ ਪਸੂ ਤੇ ਪਰੇਤਾਂ ਤੋਂ ਦੇਵਤੇ ਤੇ ਮਨੁੱਖ ਬਣ ਗਏ ਹਨ ॥੨॥੬॥

59514	1399	ਜਾਮਿ ਗੁਰੂ ਹੋਇ ਵਲਿ ਧਨਹਿ ਕਿਆ ਗਾਰਵੁ ਦਿਜਇ॥	ਵੱਲਿ,ਦਿੱਜ-ਇ	Jaam Guroo Hoe Val Dhhanehi Kiaa Gaarav Dhijae ||	One who has the Guru on his side - how could he be proud of his wealth?	ਜਦੋਂ ਸਤਿਗੁਰੂ (ਕਿਸੇ ਮਨੁੱਖ ਦਾ) ਪੱਖ ਕਰੇ ਤਾਂ ਉਹ ਧਨ ਦੇ ਕਾਰਨ ਅਹੰਕਾਰ ਨਹੀਂ ਕਰਦਾ।
59515	1399	ਜਾਮਿ ਗੁਰੂ ਹੋਇ ਵਲਿ ਲਖ ਬਾਹੇ ਕਿਆ ਕਿਜਇ॥	ਬਾਹੇਂ। ਕਿਜ-ਇ	Jaam Guroo Hoe Val Lakh Baahae Kiaa Kijae ||	One who has the Guru on his side - what would hundreds of thousands of supporters do for him?	ਜਦੋਂ ਗੁਰੂ ਪੱਖ ਤੇ ਹੋਵੇ, ਤਾਂ ਲੱਖਾਂ ਫ਼ੌਜਾਂ ਕੀਹ ਵਿਗਾੜ ਸਕਦੀਆਂ ਹਨ?
59516	1399	ਜਾਮਿ ਗੁਰੂ ਹੋਇ ਵਲਿ ਗਿਆਨ ਅਰੁ ਧਿਆਨ ਅਨਨ ਪਰਿ॥		Jaam Guroo Hoe Val Giaan Ar Dhhiaan Anan Par ||	One who has the Guru on his side, does not depend on anyone else for spiritual wisdom and meditation.	ਜਦੋਂ ਗੁਰੂ ਪੱਖ ਕਰੇ, ਤਾਂ ਮਨੁੱਖ ਗਿਆਨ ਅਤੇ ਧਿਆਨ ਦੀ ਦਾਤ ਹੋਣ ਦੇ ਕਾਰਨ (ਹਰੀ ਤੋਂ ਬਿਨਾ) ਕਿਸੇ ਹੋਰ ਨਾਲ ਪਿਆਰ ਨਹੀਂ ਪਾਂਦਾ।
59517	1399	ਜਾਮਿ ਗੁਰੂ ਹੋਇ ਵਲਿ ਸਬਦੁ ਸਾਖੀ ਸੁ ਸਚਹ ਘਰਿ॥		Jaam Guroo Hoe Val Sabadh Saakhee S Sacheh Ghar ||	One who has the Guru on his side contemplates the Shabad and the Teachings, and abides in the Home of Truth.	ਜਦੋਂ ਗੁਰੂ ਸਹੈਤਾ ਕਰੇ, ਤਾਂ ਜੀਵ ਦੇ ਹਿਰਦੇ ਵਿਚ ਸ਼ਬਦ ਸਾਖਿਆਤ ਹੋ ਜਾਂਦਾ ਹੈ ਤੇ ਉਹ ਸੱਚੇ ਹਰੀ ਦੇ ਘਰ ਵਿਚ (ਟਿਕ ਜਾਂਦਾ) ਹੈ।

59518	1399	ਜੋ ਗੁਰੂ ਗੁਰੂ ਅਹਿ ਨਿਸਿ ਜਪੈ ਦਾਸੁ ਭਟੁ ਬੇਨਤਿ ਕਹੈ॥		Jo Guroo Guroo Ahinis Japai Dhaas Bhatt Baenath Kehai ||	The Lord's humble slave and poet utters this prayer: whoever chants to the Guru night and day,	ਦਾਸ (ਨਲਜਜ) ਭੱਟ ਬੇਨਤੀ ਕਰਦਾ ਹੈ ਕਿ ਜੋ ਮਨੁੱਖ ਦਿਨ ਰਾਤ 'ਗੁਰੂ ਗੁਰੂ' ਜਪਦਾ ਹੈ,
59519	1399	ਜੋ ਗੁਰੂ ਨਾਮੁ ਰਿਦ ਮਹਿ ਧਰੈ ਸੋ ਜਨਮ ਮਰਣ ਦੁਹ ਥੇ ਰਹੈ॥੩॥੭॥		Jo Guroo Naam Ridh Mehi Dhharai So Janam Maran Dhuh Thhae Rehai ||3||7||	Whoever enshrines the Name of the Guru within his heart, is rid of both birth and death. ||3||7||	ਜੋ ਸਤਿਗੁਰੂ ਦਾ ਨਾਮ ਹਿਰਦੇ ਵਿਚ ਟਿਕਾਉਂਦਾ ਹੈ, ਉਹ ਮਨੁੱਖ ਜੰਮਣ ਮਰਨ ਦੋਹਾਂ ਤੋਂ ਬਚ ਜਾਂਦਾ ਹੈ ॥੩॥੭॥
59520	1399	ਗੁਰ ਬਿਨੁ ਘੋਰੁ ਅੰਧਾਰੁ ਗੁਰੂ ਬਿਨੁ ਸਮਝ ਨ ਆਵੈ॥		Gur Bin Ghor Andhhaar Guroo Bin Samajh N Aavai ||	Without the Guru, there is utter darkness; without the Guru, understanding does not come.	ਸਤਿਗੁਰੂ (ਦੀ ਸਰਨ ਪੈਣ) ਤੋਂ ਬਿਨਾ (ਮਨੁੱਖਾ ਜੀਵਨ ਦੇ ਰਾਹ ਵਿਚ) ਹਨੇਰਾ ਹੀ ਹਨੇਰਾ ਹੈ, ਗੁਰੂ ਤੋਂ ਬਿਨਾ (ਸਹੀ ਜੀਵਨ ਦੀ) ਸਮਝ ਦੀ ਪ੍ਰਾਪਤੀ ਨਹੀਂ ਹੋ ਸਕਦੀ।
59521	1399	ਗੁਰ ਬਿਨੁ ਸੁਰਤਿ ਨ ਸਿਧਿ ਗੁਰੂ ਬਿਨੁ ਮੁਕਤਿ ਨ ਪਾਵੈ॥		Gur Bin Surath N Sidhh Guroo Bin Mukath N Paavai ||	Without the Guru, there is no intuitive awareness or success; without the Guru, there is no liberation.	ਗੁਰੂ ਤੋਂ ਬਿਨਾ ਸੁਰਤ (ਉੱਚੀ) ਨਹੀਂ ਹੁੰਦੀ ਤੇ (ਜੀਵਨ-ਸੰਗ੍ਰਾਮ ਵਿਚ) ਸਫਲਤਾ ਭੀ ਪ੍ਰਾਪਤ ਨਹੀਂ ਹੁੰਦੀ, ਗੁਰੂ ਤੋਂ ਬਿਨਾ (ਵਿਕਾਰਾਂ ਤੋਂ) ਖ਼ਲਾਸੀ ਨਹੀਂ ਮਿਲਦੀ।

59522	1399	ਗੁਰੁ ਕਰੁ ਸਚੁ ਬੀਚਾਰੁ ਗੁਰੂ ਕਰੁ ਰੇ ਮਨ ਮੇਰੇ॥		Gur Kar Sach Beechaar Guroo Kar Rae Man Maerae ||	So make Him your Guru, and contemplate the Truth; make Him your Guru, O my mind.	ਹੇ ਮੇਰੇ ਮਨ! ਸਤਿਗੁਰੂ ਦੀ ਸਰਨ ਪਉ, ਇਹੀ ਉੱਤਮ ਵਿਚਾਰ ਹੈ।
59523	1399	ਗੁਰੁ ਕਰੁ ਸਬਦ ਸਪੁੰਨ ਅਘਨ ਕਟਹਿ ਸਭ ਤੇਰੇ॥	ਸ-ਪੁੰਨ	Gur Kar Sabadh Sapunn Aghan Kattehi Sabh Thaerae ||	Make Him your Guru, who is embellished and exalted in the Word of the Shabad; all your sins shall be washed away.	ਸ਼ਬਦ ਦੇ ਸੂਰੇ ਗੁਰੂ ਦੀ ਸਰਨ ਪਉ, ਤੇਰੇ ਸਾਰੇ ਪਾਪ ਕੱਟੇ ਜਾਣਗੇ।
59524	1399	ਗੁਰੁ ਨਯਣਿ ਬਯਣਿ ਗੁਰੁ ਗੁਰੁ ਕਰਹੁ ਗੁਰੂ ਸਤਿ ਕਵਿ ਨਲ੍ਹ ਕਹਿ॥	ਗੁਰਮੁਖ ਭੱਟ ਨਲ੍ਹ: ਨੱਲਿਅ। ਨ-ਯ-ਣਿ, ਬ-ਯ-ਣਿ: ਯ ਤਾਲੂ ਤੋਂ ਬੋਲੋ	Gur Nayan Bayan Gur Gur Karahu Guroo Sath Kav Naly Kehi ||	So speaks NALL the poet: with your eyes, make Him your Guru; with the words you speak, make Him your Guru, your True Guru.	ਕਵੀ ਨਲਜਜ ਆਖਦਾ ਹੈ ਕਿ (ਹੇ ਮੇਰੇ ਮਨ!) ਆਪਣੀ ਅੱਖ ਵਿਚ, ਆਪਣੇ ਬੋਲ ਵਿਚ ਕੇਵਲ ਗੁਰੂ ਨੂੰ ਵਸਾਓ, ਗੁਰੂ ਸਦਾ-ਥਿਰ ਰਹਿਣ ਵਾਲਾ ਹੈ।
59525	1399	ਜਿਨਿ ਗੁਰੂ ਨ ਦੇਖਿਅਉ ਨਹੁ ਕੀਅਉ ਤੇ ਅਕਯਥ ਸੰਸਾਰ ਮਹਿ॥੪॥੮॥	ਅਕ-ਯਥ: ਯ ਤਾਲੂ ਤੋਂ ਬੋਲੋ	Jin Guroo N Dhaekhiao Nahu Keeao Thae Akayathh Sansaar Mehi ||4||8||	Those who have not seen the Guru, who have not made Him their Guru, are useless in this world. ||4||8||	ਜਿਸ ਜਿਸ ਮਨੁੱਖ ਨੇ ਸਤਿਗੁਰੂ ਦੇ ਦਰਸ਼ਨ ਨਹੀਂ ਕੀਤੇ, ਤੇ ਜੋ ਜੋ ਮਨੁੱਖ ਸਤਿਗੁਰੂ ਦੀ ਸਰਨ ਨਹੀਂ ਪਿਆ, ਉਹ ਸਾਰੇ ਸੰਸਾਰ ਵਿਚ ਨਿਸਫਲ (ਹੀ ਆਏ) ॥੪॥੮॥
59526	1399	ਗੁਰੂ ਗੁਰੂ ਗੁਰੁ ਕਰੁ ਮਨ ਮੇਰੇ॥		Guroo Guroo Gur Kar Man Maerae ||	Dwell upon the Guru, the Guru, the Guru, O my mind.	ਹੇ ਮੇਰੇ ਮਨ! 'ਗੁਰੂ' 'ਗੁਰੂ' ਜਪ।

59527	1400	ਤਾਰਣ ਤਰਣ ਸਮ੍ਰਥੁ ਕਲਿਜੁਗਿ ਸੁਨਤ ਸਮਾਧਿ ਸਬਦ ਜਿਸੁ ਕੇਰੇ॥	ਸਮ੍ਰੱਥੁ। ਕਲਿਜੁੱਗਿ	Thaaran Tharan Samrathh Kalijug Sunath Samaadhh Sabadh Jis Kaerae ||	The All-powerful Guru is the Boat to carry us across in this Dark Age of Kali Yuga. Hearing the Word of His Shabad, we are transported into Samaadhi.	ਜਿਸ ਗੁਰੂ ਦੀ ਬਾਣੀ ਸੁਣਦਿਆਂ ਸਮਾਧੀ (ਵਿਚ ਲੀਨ ਹੋ ਜਾਈਦਾ ਹੈ), ਉਹ ਗੁਰੂ ਕਲਜੁਗ ਵਿਚ (ਸੰਸਾਰ-ਸਾਗਰ ਤੋਂ) ਤਾਰਨ ਲਈ ਸਮਰੱਥ ਜਹਾਜ਼ ਹੈ।
59528	1400	ਫੁਨਿ ਦੁਖਨਿ ਨਾਸੁ ਸੁਖਦਾਯਕੁ ਸੂਰਉ ਜੋ ਧਰਤ ਧਿਆਨੁ ਬਸਤ ਤਿਹ ਨੇਰੇ॥	ਸੁਖ-ਦਾ-ਯਕੁ: ਯ ਤਾਲੂ ਤੋਂ ਬੋਲੋ।	Fun Dhukhan Naas Sukhadhaayak Sooro Jo Dhharath Dhhiaan Basath Thih Naerae ||	He is the Spiritual Hero who destroys pain and brings peace. Whoever meditates on Him, dwells near Him.	ਉਹ ਗੁਰੂ ਦੁੱਖਾਂ ਦੇ ਨਾਸ ਕਰਨ ਵਾਲਾ ਹੈ, ਸੁਖਾਂ ਦੇ ਦੇਣ ਵਾਲਾ ਸੂਰਮਾ ਹੈ। ਜੋ ਮਨੁੱਖ ਉਸ ਦਾ ਧਿਆਨ ਧਰਦਾ ਹੈ, ਉਹ ਗੁਰੂ ਉਸ ਦੇ ਅੰਗ-ਸੰਗ ਵੱਸਦਾ ਹੈ।
59529	1400	ਪੂਰਉ ਪੁਰਖੁ ਰਿਦੈ ਹਰਿ ਸਿਮਰਤ ਮੁਖੁ ਦੇਖਤ ਅਘ ਜਾਹਿ ਪਰੇਰੇ॥	ਅਘ: ਪੋਲਾ ਬੋਲੋ। (ਪਰੇਰੇ) ਪਰੇਹੋ ਜਾਂਦੇ ਹਨ	Pooro Purakh Ridhai Har Simarath Mukh Dhaekhath Agh Jaahi Paraerae ||	He is the Perfect Primal Being, who meditates in remembrance on the Lord within his heart; seeing His Face, sins run away.	ਸਤਿਗੁਰੂ ਪੂਰਨ ਪੁਰਖ ਹੈ, ਗੁਰੂ ਹਿਰਦੇ ਵਿਚ ਹਰੀ ਨੂੰ ਸਿਮਰਦਾ ਹੈ, (ਉਸ ਦਾ) ਮੁਖ ਵੇਖਿਆਂ ਪਾਪ ਦੂਰ ਹੋ ਜਾਂਦੇ ਹਨ।
59530	1400	ਜਉ ਹਰਿ ਬੁਧਿ ਰਿਧਿ ਸਿਧਿ ਚਾਹਤ ਗੁਰੂ ਗੁਰੂ ਗੁਰੁ ਕਰੁ ਮਨ ਮੇਰੇ॥੫॥੯॥		Jo Har Budhh Ridhh Sidhh Chaahath Guroo Guroo Gur Kar Man Maerae ||5||9||	If you long for wisdom, wealth, spiritual perfection and property, O my mind, dwell upon the Guru, the Guru, the Guru. ||5||9||	ਹੇ ਮੇਰੇ ਮਨ! ਜੇ ਤੂੰ ਰੱਬੀ ਅਕਲ, ਰਿੱਧੀ ਤੇ ਸਿੱਧੀ ਚਾਹੁੰਦਾ ਹੈਂ, ਤਾਂ 'ਗੁਰੂ' 'ਗੁਰੂ' ਜਪ ॥੫॥੯॥

59531	1400	ਗੁਰੂ ਮੁਖੁ ਦੇਖਿ ਗਰੂ ਸੁਖੁ ਪਾਯੌ॥	ਪਾ-ਯਉ: ਯ ਤਾਲੂ ਤੋਂ ਬੋਲੋ	Guroo Mukh Dhaekh Garoo Sukh Paayo ||	Gazing upon the Face of the Guru, I find peace.	ਸਤਿਗੁਰੂ (ਅਮਰਦਾਸ ਜੀ) ਦਾ ਦਰਸ਼ਨ ਕਰ ਕੇ (ਗੁਰੂ ਰਾਮਦਾਸ ਜੀ ਨੇ) ਵੱਡਾ ਆਨੰਦ ਪਾਇਆ ਹੈ।
59532	1400	ਹੁਤੀ ਜੁ ਪਿਆਸ ਪਿਊਸ ਪਿਵੰਨ ਕੀ ਬੰਛਤ ਸਿਧਿ ਕਉ ਬਿਧਿ ਮਿਲਾਯਉ॥	(ਪਿਊਸ) ਅੰਮ੍ਰਿਤ, (ਪਿਵੰਨ) ਪੀਣ ਦੀ, (ਸਿੱਧਿ) ਪ੍ਰਾਪਤੀ। (ਬੰਛਤ) ਚਾਹੁੰਦੇ ਸੀ। (ਸਿੱਧਿ) ਮੁਕਤ। ਹੁਤੀ, ਬਿਧਿ: ਪੋਲੇ ਬੋਲੋ। ਮਿਲਾ-ਯਉ: ਯ ਤਾਲੂ ਤੋਂ ਬੋਲੋ।	Huthee J Piaas Pioos Pivann Kee Banshhath Sidhh Ko Bidhh Milaayo ||	I was thirsty, yearning to drink in the Nectar; to fulfill that wish, the Guru laid out the way.	(ਆਪ ਨੂੰ) ਅੰਮ੍ਰਿਤ ਪੀਣ ਦੀ ਜਿਹੜੀ ਤਾਂਘ ਲੱਗੀ ਹੋਈ ਸੀ, ਉਸ ਮਨ-ਇੱਛਤ (ਤਾਂਘ ਦੀ) ਸਫਲਤਾ ਦਾ ਢੰਗ (ਹਰੀ ਨੇ) ਬਣਾ ਦਿੱਤਾ ਹੈ।
59533	1400	ਪੂਰਨ ਭੋ ਮਨ ਠਉਰ ਬਸੋ ਰਸ ਬਾਸਨ ਸਿਉ ਜੁ ਦਹੰ ਦਿਸਿ ਧਾਯਉ॥	ਧਾ-ਯਉ	Pooran Bho Man Thour Baso Ras Baasan Sio J Dhehan Dhis Dhhaayo ||	My mind has become perfect; it dwells in the Lord's Place; it had been wandering in all directions, in its desire for tastes and pleasures.	(ਸੰਸਾਰੀ ਜੀਵਾਂ ਦਾ) ਜੋ ਮਨ ਰਸਾਂ ਵਾਸ਼ਨਾਂ ਦੇ ਪਿੱਛੇ ਦਸੀਂ ਪਾਸੀਂ ਦੌੜਦਾ ਹੈ ਆਪ ਦਾ ਉਹ ਮਨ ਰੱਜ ਗਿਆ ਹੈ ਤੇ ਟਿਕ ਗਿਆ ਹੈ।
59534	1400	ਗੋਬਿੰਦਵਾਲੁ ਗੋਬਿੰਦ ਪੁਰੀ ਸਮ ਜਲ੍ਹਨ ਤੀਰਿ ਬਿਪਾਸ ਬਨਾਯਉ॥	ਬਨਾ-ਯਉ: ਯ ਤਾਲੂ ਤੋਂ ਬੋਲੋ। ਗੁਰਮੁਖ ਭੱਟ ਜਲ੍ਹਨ: ਜੱਲਿਅਨ	Gobindh Vaal Gobindh Puree Sam Jalyan Theer Bipaas Banaayo ||	Goindwal is the City of God, built on the bank of the Beas River.	(ਜਿਸ ਸਤਿਗੁਰੂ ਅਮਰਦਾਸ ਜੀ ਨੇ) ਬੈਕੁੰਠ ਵਰਗਾ ਗੋਇੰਦਵਾਲ ਬਿਆਸਾ ਦੇ ਪਾਣੀਆਂ ਦੇ ਕੰਢੇ ਉਤੇ ਬਣਾ ਦਿੱਤਾ ਹੈ,

59535	1400	ਗਯਉ ਦੁਖੁ ਦੂਰਿ ਬਰਖਨ ਕੋ ਸੁ ਗੁਰੂ ਮੁਖੁ ਦੇਖਿ ਗਰੂ ਸੁਖੁ ਪਾਯਉ॥੬॥੧੦॥	(ਬਰਖਨ) ਵਰ੍ਹਿਆਂ ਦਾ, (ਗਰੂ) ਵੱਡਾ, ਗ-ਯਉ,ਪਾ-ਯਉ	Gayo Dhukh Dhoor Barakhan Ko S Guroo Mukh Dhaekh Garoo Sukh Paayo ||6||10||	The pains of so many years have been taken away; gazing upon the Face of the Guru, I find peace. ||6||10||	ਉਸ ਗੁਰੂ ਦਾ ਮੂੰਹ ਵੇਖ ਕੇ (ਗੁਰੂ ਰਾਮਦਾਸ ਜੀ ਨੇ) ਵੱਡਾ ਆਨੰਦ ਪਾਇਆ ਹੈ, (ਆਪ ਦਾ, ਮਾਨੇ) ਵਰ੍ਹਿਆਂ ਦਾ ਦੁੱਖ ਦੂਰ ਹੋ ਗਿਆ ਹੈ ॥੬॥੧੦॥
59536	1400	ਸਮਰਥ ਗੁਰੂ ਸਿਰਿ ਹਥ ਧਰਿਅਉ॥	ਸਮਰੱਥ,ਧਰਿ-ਅਉ	Samarathh Guroo Sir Hathh Dhharyo ||	The All-powerful Guru placed His hand upon my head.	ਸਮਰੱਥ ਗੁਰੂ (ਅਮਰਦਾਸ ਜੀ) ਨੇ (ਗੁਰੂ ਰਾਮਦਾਸ ਜੀ ਦੇ) ਸਿਰ ਉੱਤੇ ਹੱਥ ਰੱਖਿਆ ਹੈ।
59537	1400	ਗੁਰਿ ਕੀਨੀ ਕ੍ਰਿਪਾ ਹਰਿ ਨਾਮੁ ਦੀਅਉ ਜਿਸੁ ਦੇਖਿ ਚਰੰਨ ਅਘੰਨ ਹਰ੍ਯਉ॥	ਚ-ਰੰਨ। ਅ-ਘੰਨ। ਹਰ੍ਯਉ: ਹਰਿ-ਅਉ	Gur Keenee Kirapaa Har Naam Dheeao Jis Dhaekh Charann Aghann Haryo ||	The Guru was kind, and blessed me with the Lord's Name. Gazing upon His Feet, my sins were dispelled.	ਜਿਸ (ਗੁਰੂ ਅਮਰਦਾਸ ਜੀ) ਦੇ ਚਰਨਾਂ ਦਾ ਦਰਸ਼ਨ ਕੀਤਿਆਂ ਪਾਪ ਦੂਰ ਹੋ ਜਾਂਦੇ ਹਨ, ਉਸ ਗੁਰੂ ਨੇ ਮਿਹਰ ਕੀਤੀ ਹੈ, (ਗੁਰੂ ਰਾਮਦਾਸ ਜੀ ਨੂੰ) ਹਰੀ ਦਾ ਨਾਮ ਬਖ਼ਸ਼ਿਆ ਹੈ;
59538	1400	ਨਿਸਿ ਬਾਸੁਰ ਏਕ ਸਮਾਨ ਧਿਆਨ ਸੁ ਨਾਮ ਸੁਨੇ ਸੁਤੁ ਭਾਨ ਡਰ੍ਯਉ॥	(ਭਾਨ) ਸੂਰਜ ਦਾ।ਸੁਤੁ ਪੁੱਤ੍ਰ ਧਰਮਰਾਜਾ। ਡਰ੍ਯਉ: ਡਰਿਅਉ	Nis Baasur Eaek Samaan Dhhiaan S Naam Sunae Suth Bhaan Ddaryo ||	Night and day, the Guru meditates on the One Lord; hearing His Name, the Messenger of Death is scared away.	(ਉਸ ਨਾਮ ਵਿਚ ਗੁਰੂ ਰਾਮਦਾਸ ਜੀ ਦਾ) ਦਿਨ ਰਾਤ ਇੱਕ-ਰਸ ਧਿਆਨ ਰਹਿੰਦਾ ਹੈ, ਉਸ ਨਾਮ ਦੇ ਸੁਣਨ ਨਾਲ ਜਮ-ਰਾਜ (ਭੀ) ਡਰਦਾ ਹੈ (ਭਾਵ, ਨੇੜੇ ਨਹੀਂ ਆਉਂਦਾ)।

59539	1400	ਭਨਿ ਦਾਸ ਸੁ ਆਸ ਜਗਤ੍ਰ ਗੁਰੂ ਕੀ ਪਾਰਸੁ ਭੇਟਿ ਪਰਸੁ ਕਰ੍ਯੋ॥	ਗੁਰਮੁਖ ਭੱਟ ਦਾਸ। ਜ-ਗੱਤ੍ਰ।ਕਰ੍ਯੋ: ਕਰਿਅਉ	Bhan Dhaas S Aas Jagathr Guroo Kee Paaras Bhaett Paras Karyo ||	So speaks the Lord's slave: Guru Raam Daas placed His Faith in Guru Amar Daas, the Guru of the World; touching the Philosopher's Stone, He was transformed into the Philosopher's Stone.	ਹੇ ਦਾਸ (ਨਲਜਜ ਕਵੀ!) ਗੁਰੂ ਰਾਮਦਾਸ ਜੀ ਨੂੰ ਕੇਵਲ ਜਗਤ ਦੇ ਗੁਰੂ ਦੀ ਹੀ ਆਸ ਹੈ, ਪਾਰਸ (ਗੁਰੂ ਅਮਰਦਾਸ ਜੀ) ਨੂੰ ਮਿਲ ਕੇ ਆਪ ਭੀ ਪਰਸਨ-ਜੋਗ (ਪਾਰਸ ਹੀ) ਹੋ ਗਏ ਹਨ।
59540	1400	ਰਾਮਦਾਸੁ ਗੁਰੂ ਹਰਿ ਸਤਿ ਕੀਯਉ ਸਮਰਥ ਗੁਰੂ ਸਿਰਿ ਹਥੁ ਧਰ੍ਯੋ॥੭॥੧੧॥	ਕੀ-ਯਉ: ਯ ਤਾਲੂ ਤੋਂ ਬੋਲੋ। ਧਰਿਅਉ	Raamadhaas Guroo Har Sath Keeyo Samarathh Guroo Sir Hathh Dhharyo ||7||11||	Guru Raam Daas recognized the Lord as True; the All-powerful Guru placed His hand upon His head. ||7||11||	ਹਰੀ ਨੇ ਗੁਰੂ ਰਾਮਦਾਸ ਜੀ ਨੂੰ ਅਟੱਲ ਕਰ ਰੱਖਿਆ ਹੈ, (ਕਿਉਂਕਿ) ਸਮਰੱਥ ਗੁਰੂ (ਅਮਰਦਾਸ ਜੀ) ਨੇ (ਉਹਨਾਂ ਦੇ) ਸਿਰ ਉਤੇ ਹੱਥ ਰੱਖਿਆ ਹੋਇਆ ਹੈ" ॥੭॥੧੧॥
59541	1400	ਅਬ ਰਾਖਹੁ ਦਾਸ ਭਾਟ ਕੀ ਲਾਜ॥		Ab Raakhahu Dhaas Bhaatt Kee Laaj ||	Now, please preserve the honor of Your humble slave.	(ਹੇ ਸਤਿਗੁਰੂ ਜੀ!) ਹੁਣ ਇਸ ਦਾਸ (ਨਲਜਜ) ਭੱਟ ਦੀ ਲਾਜ ਰੱਖ ਲਵੋ,
59542	1400	ਜੈਸੀ ਰਾਖੀ ਲਾਜ ਭਗਤ ਪ੍ਰਹਿਲਾਦ ਕੀ ਹਰਨਾਖਸ ਫਾਰੇ ਕਰ ਆਜ॥	ਪ੍ਰ-ਹਿਲਾਦ	Jaisee Raakhee Laaj Bhagath Prehilaadh Kee Haranaakhas Faarae Kar Aaj ||	God saved the honor of the devotee Prahlaad, when Harnaakhash tore him apart with his claws.	ਜਿਵੇਂ (ਆਪ ਨੇ) ਪ੍ਰਹਲਾਦ ਭਗਤ ਦੀ ਇੱਜ਼ਤ ਰੱਖੀ ਸੀ ਤੇ ਹਰਣਾਖਸ਼ ਨੂੰ ਹੱਥਾਂ ਦੇ ਨਹੁੰਆਂ ਨਾਲ ਮਾਰ ਦਿੱਤਾ ਸੀ।

59543	1400	ਫੁਨਿ ਦ੍ਰੋਪਤੀ ਲਾਜ ਰਖੀ ਹਰਿ ਪ੍ਰਭ ਜੀ ਛੀਨਤ ਬਸਤ੍ਰ ਦੀਨ ਬਹੁ ਸਾਜ॥		Fun Dhropathee Laaj Rakhee Har Prabh Jee Shheenath Basathr Dheen Bahu Saaj ||	And the Dear Lord God saved the honor of Dropadi; when her clothes were stripped from her, she was blessed with even more.	ਅਤੇ, ਹੇ ਹਰਿ-ਪ੍ਰਭ ਜੀ! ਦ੍ਰੋਪਤੀ ਦੀ (ਭੀ) ਆਪ ਨੇ ਇੱਜ਼ਤ ਬਚਾਈ, ਜਦੋਂ ਉਸ ਦੇ ਬਸਤਰ ਖੋਹੇ ਜਾ ਰਹੇ ਸਨ, (ਆਪ ਨੇ) ਉਸ ਨੂੰ ਤਦੋਂ ਬਹੁਤ ਸਾਮਾਨ ਬਖ਼ਸ਼ਿਆ ਸੀ।
59544	1400	ਸੋਦਾਮਾ ਅਪਦਾ ਤੇ ਰਾਖਿਆ ਗਨਿਕਾ ਪੜ੍ਹਤ ਪੂਰੇ ਤਿਹ ਕਾਜ॥		Sodhaamaa Apadhaa Thae Raakhiaa Ganikaa Parrhath Poorae Thih Kaaj ||	Sudaamaa was saved from misfortune; and Ganikaa the prostitute - when she chanted Your Name, her affairs were perfectly resolved.	ਹੇ ਸਤਿਗੁਰੂ ਜੀ! ਸੁਦਾਮੇ ਨੂੰ (ਆਪ ਨੇ) ਬਿਪਤਾ ਤੋਂ ਬਚਾਇਆ, (ਰਾਮ ਨਾਮ) ਪੜ੍ਹਦੀ ਗਨਿਕਾ ਦੇ ਕਾਰਜ ਸਿਰੇ ਚਾੜ੍ਹੇ।
59545	1400	ਸ੍ਰੀ ਸਤਿਗੁਰ ਸੁਪ੍ਰਸੰਨ ਕਲਜੁਗ ਹੋਇ ਰਾਖਹੁ ਦਾਸ ਭਾਟ ਕੀ ਲਾਜ॥੮॥੧੨॥	ਸੁਪ੍ਰਸੰਨ। ਕਲਜੁੱਗ। ਗੁਰਮੁਖ ਭੱਟ ਦਾਸ	Sree Sathigur Suprasann Kalajug Hoe Raakhahu Dhaas Bhaatt Kee Laaj ||8||12||	O Great True Guru, if it pleases You, please save the honor of Your slave in this Dark Age of kali Yuga. ||8||12||	ਹੁਣ ਕਲਜੁਗ ਦੇ ਸਮੇ ਇਸ ਸੇਵਕ (ਨਲਜਜ) ਭੱਟ ਤੇ (ਭੀ) ਤੁੱਠ ਕੇ ਇਸ ਦੀ ਪੈਜ ਰੱਖੋ ॥੮॥੧੨॥
59546	1400	ਝੋਲਨਾ॥		Jholanaa ||	Jholnaa:	
59547	1400	ਗੁਰੂ ਗੁਰੁ ਗੁਰੂ ਗੁਰੁ ਗੁਰੂ ਜਪੁ ਪ੍ਰਾਨੀਅਹੁ॥	ਪ੍ਰਾਨੀ-ਅਹੁ	Guroo Gur Guroo Gur Guroo Jap Praaneeahu ||	Chant Guru, Guru, Guru, Guru, O mortal beings.	ਹੇ ਪ੍ਰਾਣੀਓ! ਨਿਤ 'ਗੁਰੂ' 'ਗੁਰੂ' ਜਪੋ।

59548	1400	ਸਬਦੁ ਹਰਿ ਹਰਿ ਜਪੈ ਨਾਮੁ ਨਵ ਨਿਧਿ ਅਪੈ ਰਸਨਿ ਅਹਿ ਨਿਸਿ ਰਸੈ ਸਤਿ ਕਰਿ ਜਾਨੀਅਹੁ॥	ਜਾਨੀ-ਅਹੁ	Sabadh Har Har Japai Naam Nav Nidhh Apai Rasan Ahinis Rasai Sath Kar Jaaneeahu ||	Chant the Shabad, the Word of the Lord, Har, Har; the Naam, the Name of the Lord, brings the nine treasures. With your tongue, taste it, day and night, and know it as true.	(ਇਹ ਗੱਲ) ਸੱਚ ਜਾਣਿਓ, ਕਿ (ਸਤਿਗੁਰੂ ਆਪ) ਹਰੀ-ਸ਼ਬਦ ਜਪਦਾ ਹੈ, (ਹੋਰਨਾਂ ਨੂੰ) ਨਾਮ-ਰੂਪੀ ਨੌ ਨਿਧੀਆਂ ਬਖ਼ਸ਼ਦਾ ਹੈ, ਅਤੇ ਹਰ ਵੇਲੇ ਜੀਭ ਨਾਲ (ਨਾਮ ਦਾ) ਆਨੰਦ ਲੈ ਰਿਹਾ ਹੈ।
59549	1400	ਫੁਨਿ ਪ੍ਰੇਮ ਰੰਗ ਪਾਈਐ ਗੁਰਮੁਖਹਿ ਧਿਆਈਐ ਅੰਨ ਮਾਰਗ ਤਜਹੁ ਭਜਹੁ ਹਰਿ ਗ੍ਯਾਨੀਅਹੁ॥	ਗੁਰਮੁਖਿ ਰੋਮਿ ਰੋਮਿ ਹਰਿ ਧਿਆਵੈ॥ ਅਵਸਥਾ ਚ (ਗੁਰਮੁਖਹਿ) ਗੁਰਮੁਖਿ ਬਣ ਕੇ, ਅਕਾਲ ਗੁਰਮੁਖਿ ਗੁਰੂ ਜੀ ਨੂੰ ਧਿਆਈਏ। (ਅੰਨ) ਹੋਰ। ਗਿਆਨੀ-ਅਹੁ	Fun Praem Rang Paaeeai Guramukhehi Dhhiaaeeai Ann Maarag Thajahu Bhajahu Har Gyaaneeahu ||	Then, you shall obtain His Love and Affection; become Gurmukh, and meditate on Him. Give up all other ways; vibrate and meditate on Him, O spiritual people.	(ਜੇ) ਗੁਰੂ ਦੀ ਸਿੱਖਿਆ ਲੈ ਕੇ (ਹਰੀ) ਨੂੰ ਸਿਮਰੀਏ, ਤਾਂ ਹਰੀ ਦੇ ਪ੍ਰੇਮ ਦਾ ਰੰਗ ਪ੍ਰਾਪਤ ਹੁੰਦਾ ਹੈ, (ਤਾਂ ਤੇ) ਹੇ ਗਿਆਨਵਾਨੋਂ! ਹੋਰ ਰਸਤੇ ਛੱਡ ਦਿਓ, ਤੇ ਹਰੀ ਨੂੰ ਸਿਮਰੋ।
59550	1400	ਬਚਨ ਗੁਰ ਰਿਦਿ ਧਰਹੁ ਪੰਚ ਭੂ ਬਸਿ ਕਰਹੁ ਜਨਮੁ ਕੁਲ ਉਧਰਹੁ ਦ੍ਵਾਰਿ ਹਰਿ ਮਾਨੀਅਹੁ॥	ਬੱਸਿ। ਉ-ਧਰਹੁ। ਦ੍ਵਾਰਿ: ਦੁਆਰਿ। ਮਾਨੀ-ਅਹੁ	Bachan Gur Ridh Dhharahu Panch Bhoo Bas Karahu Janam Kul Oudhharahu Dhvaar Har Maaneeahu ||	Enshrine the Word of the Guru's Teachings within your heart, and overpower the five passions. Your life, and your generations, shall be saved, and you shall be honored at the Lord's Door.	(ਹੇ ਪ੍ਰਾਣੀਓ!) ਸਤਿਗੁਰੂ ਦੇ ਬਚਨਾਂ ਨੂੰ ਹਿਰਦੇ ਵਿਚ ਟਿਕਾਓ (ਅਤੇ ਇਸ ਤਰ੍ਹਾਂ) ਆਪਣੇ ਮਨ ਨੂੰ ਕਾਬੂ ਕਰੋ, ਆਪਣੇ ਜਨਮ ਤੇ ਕੁਲ ਨੂੰ ਸਫਲਾ ਕਰੋ, ਹਰੀ ਦੇ ਦਰ ਤੇ ਆਦਰ ਪਾਓਗੇ।

59551	1400	ਜਉ ਤ ਸਭ ਸੁਖ ਇਤ ਉਤ ਤੁਮ ਬੰਛਵਹੁ ਗੁਰੂ ਗੁਰੁ ਗੁਰੂ ਗੁਰੁ ਗੁਰੂ ਜਪੁ ਪ੍ਰਾਨੀਅਹੁ॥੧॥੧੩॥		Jo Th Sabh Sukh Eith Outh Thum Banshhavahu Guroo Gur Guroo Gur Guroo Jap Praaneeahu ||1||13||	If you desire all the peace and comforts of this world and the next, then chant Guru, Guru, Guru, Guru, O mortal beings. ||1||13||	ਜੇਕਰ ਤੁਸੀਂ ਇਸ ਸੰਸਾਰ ਦੇ ਤੇ ਪਰਲੋਕ ਦੇ ਸਾਰੇ ਸੁਖ ਚਾਹੁੰਦੇ ਹੋ, ਤਾਂ ਹੇ ਪ੍ਰਾਣੀਓ! ਸਦਾ ਗੁਰੂ ਗੁਰੂ ਜਪੋ ॥੧॥੧੩॥
59552	1400	ਗੁਰੂ ਗੁਰੁ ਗੁਰੂ ਗੁਰੁ ਗੁਰੂ ਜਪਿ ਸਤਿ ਕਰਿ॥		Guroo Gur Guroo Gur Guroo Jap Sath Kar ||	Chant Guru, Guru, Guru, Guru, Guru, and know Him as true.	ਹੇ ਸੰਤ ਜਨੋ! ਹੇ ਗੁਰਸਿੱਖੋ! ਸਰਧਾ ਨਾਲ ਗੁਰੂ ਗੁਰੂ ਜਪੋ।
59553	1400	ਅਗਮ ਗੁਨ ਜਾਨੁ ਨਿਧਾਨੁ ਹਰਿ ਮਨਿ ਧਰਹੁ ਧ੍ਯਾਨ ਅਹਿ ਨਿਸਿ ਕਰਹੁ ਬਚਨ ਗੁਰ ਰਿਦੈ ਧਰਿ॥	ਧ੍ਯਾਨ: ਧਿਆਨੁ	Agam Gun Jaan Nidhhaan Har Man Dhharahu Dhhyaan Ahinis Karahu Bachan Gur Ridhai Dhhar ||	Know that the Lord is the Treasure of Excellence. Enshrine Him in your mind,and meditate on Him. Enshrine the Word of the Guru's Teachings within your heart.	ਸਤਿਗੁਰੂ ਦੇ ਬਚਨ ਹਿਰਦੇ ਵਿਚ ਟਿਕਾ ਕੇ (ਘਟ ਘਟ ਦੀ) ਜਾਣਨਹਾਰ ਤੇ ਬੇਅੰਤ ਗੁਣਾਂ ਦੇ ਖ਼ਜ਼ਾਨੇ ਹਰੀ ਨੂੰ ਮਨ ਵਿਚ ਵਸਾਓ, ਅਤੇ ਦਿਨ ਰਾਤ ਉਸੇ ਦਾ ਧਿਆਨ ਧਰੋ।

59554	1400	ਫੁਨਿ ਗੁਰੂ ਜਲ ਬਿਮਲ ਅਥਾਹ ਮਜਨੁ ਕਰਹੁ ਸੰਤ ਗੁਰਸਿਖ ਤਰਹੁ ਨਾਮ ਸਚ ਰੰਗ ਸਰਿ॥	ਮੱਜਨੁ	Fun Guroo Jal Bimal Athhaah Majan Karahu Santh Gurasikh Tharahu Naam Sach Rang Sar ||	Then, cleanse yourself in the Immaculate and Unfathomable Water of the Guru; O Gursikhs and Saints, cross over the Ocean of Love of the True Name.	ਹੇ ਸੰਤ ਜਨੋ! ਹੇ ਗੁਰਸਿੱਖੋ! ਫਿਰ ਸਤਿਗੁਰੂ-ਰੂਪੀ ਨਿਰਮਲ ਤੇ ਗੰਭੀਰ ਜਲ ਵਿਚ ਚੁੱਭੀ ਲਾਓ, ਤੇ ਸੱਚੇ ਨਾਮ ਦੇ ਪ੍ਰੇਮ ਦੇ ਸਰੋਵਰ ਵਿਚ ਤਾਰੀਆਂ ਲਾਓ।
59555	1400	ਸਦਾ ਨਿਰਵੈਰੁ ਨਿਰੰਕਾਰੁ ਨਿਰਭਉ ਜਪੈ ਪ੍ਰੇਮ ਗੁਰ ਸਬਦ ਰਸਿ ਕਰਤ ਦ੍ਰਿੜੁ ਭਗਤਿ ਹਰਿ॥		Sadhaa Niravair Nirankaar Nirabho Japai Praem Gur Sabadh Ras Karath Dhrirr Bhagath Har ||	Meditate lovingly forever on the Lord, free of hate and vengeance, Formless and Fearless; lovingly savor the Word of the Guru's Shabad, and implant devotional worship of the Lord deep within.	(ਜੋ ਗੁਰੂ ਰਾਮਦਾਸ) ਸਦਾ ਨਿਰਵੈਰ ਤੇ ਨਿਰਭਉ ਨਿਰੰਕਾਰ ਨੂੰ ਜਪਦਾ ਹੈ, ਤੇ ਸਤਿਗੁਰੂ ਦੇ ਸ਼ਬਦ ਦੇ ਪ੍ਰੇਮ ਦੇ ਆਨੰਦ ਵਿਚ ਹਰੀ ਦੀ ਭਗਤੀ ਦ੍ਰਿੜ੍ਹ ਕਰਦਾ ਹੈ,

59556	1400	ਮੁਗਧ ਮਨ ਭ੍ਰਮੁ ਤਜਹੁ ਨਾਮੁ ਗੁਰਮੁਖਿ ਭਜਹੁ ਗੁਰੂ ਗੁਰੁ ਗੁਰੂ ਗੁਰੁ ਗੁਰੂ ਜਪੁ ਸਤਿ ਕਰਿ॥੨॥੧੪॥		Mugadhh Man Bhram Thajahu Naam Guramukh Bhajahu Guroo Gur Guroo Gur Guroo Jap Sath Kar ||2||14||	O foolish mind, give up your doubts; as Gurmukh, vibrate and meditate on the Naam. Chant Guru, Guru, Guru, Guru, and know Him as true. ||2||14||	ਉਸ ਗੁਰੂ ਦੇ ਸਨਮੁਖ ਹੋ ਕੇ ਹੇ ਮੂਰਖ ਮਨ! (ਹਰੀ ਦਾ) ਨਾਮ ਜਪ, ਤੇ ਭਰਮ ਛੱਡ ਦੇਹ, ਸਰਧਾ ਨਾਲ 'ਗੁਰੂ' 'ਗੁਰੂ' ਕਰ ॥੨॥੧੪॥
59557	1401	ਗੁਰੂ ਗੁਰੁ ਗੁਰੁ ਕਰਹੁ ਗੁਰੂ ਹਰਿ ਪਾਈਐ॥		Guroo Gur Gur Karahu Guroo Har Paaeeai ||	Chant Guru, Guru, Guru; through the Guru, the Lord is obtained.	ਸਦਾ 'ਗੁਰੂ' 'ਗੁਰੂ' ਕਰੋ, ਗੁਰੂ ਦੀ ਰਾਹੀਂ ਹੀ ਹਰੀ ਮਿਲਦਾ ਹੈ।
59558	1401	ਉਦਧਿ ਗੁਰੁ ਗਹਿਰ ਗੰਭੀਰ ਬੇਅੰਤੁ ਹਰਿ ਨਾਮ ਨਗ ਹੀਰ ਮਣਿ ਮਿਲਤ ਲਿਵ ਲਾਈਐ॥	(ਉਦਧਿ) ਸਮੁੰਦ੍ਰ। (ਮਣਿ) ਮਣੀ	Oudhadhh Gur Gehir Ganbheer Baeanth Har Naam Nag Heer Man Milath Liv Laaeeai ||	The Guru is an Ocean, deep and profound, infinite and unfathomable. Lovingly attuned to the Lord's Name, you shall be blessed with jewels, diamonds and emeralds.	ਸਤਿਗੁਰੂ ਡੂੰਘਾ ਗੰਭੀਰ ਤੇ ਬੇਅੰਤ ਸਮੁੰਦਰ ਹੈ, (ਉਸ ਵਿਚ) ਚੁੱਭੀ ਲਾਇਆਂ ਹਰੀ ਦਾ ਨਾਮ-ਰੂਪੀ ਨਗ, ਹੀਰੇ ਤੇ ਮਣੀਆਂ ਪ੍ਰਾਪਤ ਹੁੰਦੀਆਂ ਹਨ।

59559	1401	ਫੁਨਿ ਗੁਰੂ ਪਰਮਲ ਸਰਸ ਕਰਤ ਕੰਚਨੁ ਪਰਸ ਮੈਲੁ ਦੁਰਮਤਿ ਹਿਰਤ ਸਬਦਿ ਗੁਰੁ ਧ੍ਯਾਈਐ॥	(ਪਰਮਲ) ਚੰਦਨ।ਦੁਰ-ਮੱਤਿ। ਧਿਆਈਐ	Fun Guroo Paramal Saras Karath Kanchan Paras Mail Dhuramath Hirath Sabadh Gur Dhhyaaeeai ||	And, the Guru makes us fragrant and fruitful, and His Touch transforms us into gold. The filth of evil-mindedness is washed away, meditating on the Word of the Guru's Shabad.	ਅਤੇ, ਸਤਿਗੁਰੂ ਦੀ ਛੋਹ (ਜੀਵ ਦੇ ਅੰਦਰ) ਸੁਆਦਲੀ ਸੁਗੰਧੀ ਪੈਦਾ ਕਰ ਦੇਂਦੀ ਹੈ; ਸੋਨਾ ਬਣਾ ਦੇਂਦੀ ਹੈ, ਦੁਰਮੱਤ ਦੀ ਮੈਲ ਦੂਰ ਕਰ ਦੇਂਦੀ ਹੈ; (ਤਾਂ ਤੇ) ਸ਼ਬਦ ਦੀ ਰਾਹੀਂ ਗੁਰੂ ਨੂੰ ਸਿਮਰੀਏ।
59560	1401	ਅੰਮ੍ਰਿਤ ਪਰਵਾਹ ਛੁਟਕੰਤ ਸਦ ਦ੍ਵਾਰਿ ਜਿਸੁ ਗ੍ਯਾਨ ਗੁਰ ਬਿਮਲ ਸਰ ਸੰਤ ਸਿਖ ਨਾਈਐ॥	ਦ੍ਵਾਰਿ:ਦੁਆਰਿ। ਗ੍ਯਾਨ: ਗਿਆਨ। ਨ੍ਹਾਈਐ। ਸਿੱਖ	Anmrith Paravaah Shhuttakanth Sadh Dhvaar Jis Gyaan Gur Bimal Sar Santh Sikh Naaeeai ||	The Stream of Ambrosial Nectar flows constantly from His Door. The Saints and Sikhs bathe in the immaculate pool of the Guru's spiritual wisdom.	ਜਿਸ ਗੁਰੂ ਦੇ ਦਰ ਤੇ ਸਦਾ ਅੰਮ੍ਰਿਤ ਦੇ ਚਸ਼ਮੇ ਜਾਰੀ ਹਨ, ਜਿਸ ਗੁਰੂ ਦੇ ਗਿਆਨ-ਰੂਪ ਨਿਰਮਲ ਸਰੋਵਰ ਵਿਚ ਸਿਖ ਸੰਤ ਇਸ਼ਨਾਨ ਕਰਦੇ ਹਨ,
59561	1401	ਨਾਮੁ ਨਿਰਬਾਣੁ ਨਿਧਾਨੁ ਹਰਿ ਉਰਿ ਧਰਹੁ ਗੁਰੂ ਗੁਰੁ ਗੁਰੁ ਕਰਹੁ ਗੁਰੂ ਹਰਿ ਪਾਈਐ॥੩॥੧੫॥		Naam Nirabaan Nidhhaan Har Our Dhharahu Guroo Gur Gur Karahu Guroo Har Paaeeai ||3||15||	Enshrine the Naam, the Name of the Lord, within your heart, and dwell in Nirvaanaa. Chant Guru, Guru, Guru; through the Guru, the Lord is obtained. ||3||15||	ਉਸ ਗੁਰੂ ਦੀ ਰਾਹੀਂ ਹਰੀ ਦੇ ਵਾਸਨਾ-ਰਹਿਤ ਨਾਮ-ਖ਼ਜ਼ਾਨੇ ਨੂੰ ਹਿਰਦੇ ਵਿਚ ਟਿਕਾਓ। ਸਦਾ 'ਗੁਰੂ' 'ਗੁਰੂ' ਕਰੋ, ਗੁਰੂ ਦੀ ਰਾਹੀਂ ਹੀ ਹਰੀ ਮਿਲਦਾ ਹੈ ॥੩॥੧੫॥

59562	1401	ਗੁਰੂ ਗੁਰੁ ਗੁਰੂ ਗੁਰੁ ਗੁਰੂ ਜਪੁ ਮੰਨ ਰੇ॥		Guroo Gur Guroo Gur Guroo Jap Mann Rae ||	Chant Guru, Guru, Guru, Guru, Guru, O my mind.	ਹੇ ਮੇਰੇ ਮਨ! ਗੁਰੂ ਗੁਰੂ ਜਪ,
59563	1401	ਜਾ ਕੀ ਸੇਵ ਸਿਵ ਸਿਧ ਸਾਧਿਕ ਸੁਰ ਅਸੁਰ ਗਣ ਤਰਹਿ ਤੇਤੀਸ ਗੁਰ ਬਚਨ ਸੁਣਿ ਕੰਨ ਰੇ॥	ਅ-ਸੁਰ। ਤੇੱਤੀਸ	Jaa Kee Saev Siv Sidhh Saadhhik Sur Asur Gan Tharehi Thaethees Gur Bachan Sun Kann Rae ||	Serving Him, Shiva and the Siddhas, the angels and demons and servants of the gods, and the thrity-three million gods cross over, listening to the Word of the Guru's Teachings.	ਸ਼ਿਵ ਜੀ, ਉਸ ਦੇ ਗਣ, ਸਿੱਧ, ਸਾਧਿਕ, ਦੇਵ, ਦੈਂਤ ਤੇ ਤੇਤੀ ਕਰੋੜ ਦੇਵਤੇ, ਉਸ (ਗੁਰੂ) ਦੀ ਸੇਵਾ ਕਰ ਕੇ ਤੇ ਗੁਰੂ ਦੇ ਬਚਨ ਕੰਨੀਂ ਸੁਣ ਕੇ ਪਾਰ ਉਤਰ ਜਾਂਦੇ ਹਨ।
59564	1401	ਫੁਨਿ ਤਰਹਿ ਤੇ ਸੰਤ ਹਿਤ ਭਗਤ ਗੁਰੁ ਗੁਰੁ ਕਰਹਿ ਤਰਿਓ ਪ੍ਰਹਲਾਦੁ ਗੁਰ ਮਿਲਤ ਮੁਨਿ ਜੰਨ ਰੇ॥		Fun Tharehi Thae Santh Hith Bhagath Gur Gur Karehi Thariou Prehalaadh Gur Milath Mun Jann Rae ||	And, the Saints and loving devotees are carried across, chanting Guru, Guru. Prahlaad and the silent sages met the Guru, and were carried across.	ਅਤੇ, ਉਹ ਸੰਤ ਜਨ ਅਤੇ ਭਗਤ ਤਰਦੇ ਹਨ, ਜੋ ਪਿਆਰ ਨਾਲ 'ਗੁਰੂ' 'ਗੁਰੂ' ਕਰਦੇ ਹਨ। ਗੁਰੂ ਨੂੰ ਮਿਲ ਕੇ ਪ੍ਰਹਲਾਦ ਤਰ ਗਿਆ ਅਤੇ ਕਈ ਮੁਨੀ ਤਰ ਗਏ।

59565	1401	ਤਰਹਿ ਨਾਰਦਾਦਿ ਸਨਕਾਦਿ ਹਰਿ ਗੁਰਮੁਖਹਿ ਤਰਹਿ ਇਕ ਨਾਮ ਲਗਿ ਤਜਹੁ ਰਸ ਅੰਨ ਰੇ॥	ਗੁਰਮੁਖ-ਹਿ	Tharehi Naaradhaadh Sanakaadh Har Guramukhehi Tharehi Eik Naam Lag Thajahu Ras Ann Rae ||	Naarad and Sanak and those men of God who became Gurmukh were carried across; attached to the One Name, they abandoned other tastes and pleasures, and were carried across.	ਹਰੀ-ਰੂਪ ਗੁਰੂ ਦੀ ਰਾਹੀਂ ਇਕ ਨਾਮ ਵਿਚ ਜੁੜ ਕੇ ਨਾਰਦ ਤੇ ਸਨਕ ਆਦਿਕ ਤਰਦੇ ਹਨ; (ਤਾਂ ਤੇ ਹੇ ਮਨ! ਤੂੰ ਭੀ) ਹੋਰ ਸੁਆਦ ਛੱਡ ਦੇਹ (ਤੇ ਇਕ ਨਾਮ ਜਪ)।
59566	1401	ਦਾਸੁ ਬੇਨਤਿ ਕਹੈ ਨਾਮੁ ਗੁਰਮੁਖਿ ਲਹੈ ਗੁਰੂ ਗੁਰੁ ਗੁਰੂ ਗੁਰੁ ਗੁਰੂ ਜਪੁ ਮੰਨ ਰੇ॥੪॥੧੬॥੨੯॥		Dhaas Baenath Kehai Naam Guramukh Lehai Guroo Gur Guroo Gur Guroo Jap Mann Rae ||4||16||29||	This is the prayer of the Lord's humble slave: the Gurmukh obtains the Naam, the Name of the Lord, chanting Guru, Guru, Guru, Guru, Guru, O my mind. ||4||16||29||	ਦਾਸ (ਨਲਜਜ ਕਵੀ) ਅਰਜ਼ ਕਰਦਾ ਹੈ ਕਿ ਨਾਮ ਗੁਰੂ ਦੀ ਰਾਹੀਂ ਮਿਲਦਾ ਹੈ, (ਤਾਂ ਤੇ) ਹੇ ਮਨ! 'ਗੁਰੂ' 'ਗੁਰੂ' ਜਪ ॥੪॥੧੬॥੨੯॥
59567	1401	ਸਿਰੀ ਗੁਰੂ ਸਾਹਿਬੁ ਸਭ ਊਪਰਿ ਕਰੀ ਕ੍ਰਿਪਾ ਸਤਜੁਗਿ ਜਿਨਿ ਧ੍ਰੂ ਪਰਿ॥		Siree Guroo Saahib Sabh Oopar ||	The Great, Supreme Guru showered His Mercy upon all;	ਉਸ ਗੁਰੂ ਨੇ ਸਾਰੇ ਜੀਆਂ ਉੱਤੇ ਮਿਹਰ ਕੀਤੀ ਹੈ,

59568	1401	ਸ੍ਰੀ ਪ੍ਰਹਲਾਦ ਭਗਤ ਉਧਰੀਅੰ॥	(ਉ-ਧਰੀਅੰ) ਉਧਾਰਨਾ ਕੀਤੇ	Sree Prehalaadh Bhagath Oudhhareean Karee Kirapaa Sathajug Jin Dhhroo Par ||	He saved the devotee Prahlaad, in the Golden Age of Sat Yuga, He blessed Dhroo.	ਪ੍ਰਹਲਾਦ ਭਗਤ ਨੂੰ ਬਚਾਇਆ, ਜਿਸ (ਗੁਰੂ) ਨੇ ਸਤਜੁਗ ਵਿਚ ਧ੍ਰੂ ਉੱਤੇ ਕ੍ਰਿਪਾ ਕੀਤੀ,
59569	1401	ਹਸੁ ਕਮਲ ਮਾਥੇ ਪਰ ਧਰੀਅੰ॥	ਹਸੁ: ਅੱਧਾ ਤ ਪੋਲਾ ਬੋਲੋ	Haso Kamal Maathhae Par Dhhareean ||	Placing the Lotus of His Hand upon his forehead.	ਤੇ ਉਸ ਦੇ ਮੱਥੇ ਉੱਤੇ ਆਪਣੇ ਕਮਲ ਵਰਗੇ ਹੱਥ ਰੱਖੇ।
59570	1401	ਅਲਖ ਰੂਪ ਜੀਅ ਲਖ੍ਯਾ ਨ ਜਾਈ॥	ਅ-ਲਖ, ਲਖ੍ਯਾ: ਪੋਲੇ ਬੋਲੋ। ਲਖ੍ਯਾ: ਲਖਿਆ	Alakh Roop Jeea Lakhyaa N Jaaee ||	The Unseen Form of the Lord cannot be seen.	ਕਿਸੇ ਪਾਸੋਂ ਅਲੱਖ ਪ੍ਰਭੂ ਦੇ ਰੂਪ (ਉਸ) ਗੁਰੂ ਦਾ ਸਰੂਪ ਪਰਖਿਆ ਨਹੀਂ ਜਾ ਸਕਦਾ,
59571	1401	ਸਾਧਿਕ ਸਿਧ ਸਗਲ ਸਰਣਾਈ॥		Saadhhik Sidhh Sagal Saranaaee ||	The Siddhas and seekers all seek His Sanctuary.	ਸਾਰੇ ਸਿੱਧ ਤੇ ਸਾਧਨ ਕਰਨ ਵਾਲੇ (ਜਿਸ) ਸਤਿਗੁਰੂ ਦੀ ਸਰਨ ਆਏ ਹਨ।
59572	1401	ਗੁਰ ਕੇ ਬਚਨ ਸਤਿ ਜੀਅ ਧਾਰਹੁ॥		Gur Kae Bachan Sath Jeea Dhhaarahu ||	True are the Words of the Guru's teachings. Enshrine them in your soul.	(ਹੇ ਮਨ!) ਗੁਰੂ ਦੇ ਬਚਨ ਦ੍ਰਿੜ੍ਹ ਕਰ ਕੇ ਚਿੱਤ ਵਿਚ ਟਿਕਾਓ,
59573	1401	ਮਾਣਸ ਜਨਮੁ ਦੇਹ ਨਿਸ੍ਤਾਰਹੁ॥	ਨਿਸ੍ਤਾਰਹ: ਅੱਧਾ ਤੱਤਾ ਪੋਲਾ ਬੋਲੋ	Maanas Janam Dhaeh Nisoaarahu ||	Emancipate your body, and redeem this human incarnation.	(ਤੇ ਇਸ ਤਰ੍ਹਾਂ) ਆਪਣੇ ਮਨੁੱਖਾ ਜਨਮ ਤੇ ਸਰੀਰ ਨੂੰ ਸਫਲ ਕਰ ਲਓ।
59574	1401	ਗੁਰੁ ਜਹਾਜੁ ਖੇਵਟੁ ਗੁਰੂ ਗੁਰ ਬਿਨੁ ਤਰਿਆ ਨ ਕੋਇ॥		Gur Jehaaj Khaevatt Guroo Gur Bin Thariaa N Koe ||	The Guru is the Boat, and the Guru is the Boatman. Without the Guru, no one can cross over.	(ਇਸ ਸੰਸਾਰ-ਸਾਗਰ ਤੋਂ ਤਾਰਨ ਲਈ) ਗੁਰੂ ਜਹਾਜ਼ ਹੈ, ਗੁਰੂ ਹੀ ਮਲਾਹ ਹੈ, ਕੋਈ ਪ੍ਰਾਣੀ ਗੁਰੂ (ਦੀ ਸਹੈਤਾ) ਤੋਂ ਬਿਨਾ ਨਹੀਂ ਤਰ ਸਕਿਆ।

59575	1401	ਗੁਰ ਪ੍ਰਸਾਦਿ ਪ੍ਰਭੁ ਪਾਈਐ ਗੁਰ ਬਿਨੁ ਮੁਕਤਿ ਨ ਹੋਇ॥		Gur Prasaadh Prabh Paaeeai Gur Bin Mukath N Hoe ||	By Guru's Grace, God is obtained. Without the Guru, no one is liberated.	ਗੁਰੂ ਦੀ ਕਿਰਪਾ ਨਾਲ ਹੀ ਪ੍ਰਭੂ ਮਿਲਦਾ ਹੈ, ਗੁਰੂ ਤੋਂ ਬਿਨਾ ਮੁਕਤੀ ਪ੍ਰਾਪਤ ਨਹੀਂ ਹੁੰਦੀ।
59576	1401	ਗੁਰੁ ਨਾਨਕੁ ਨਿਕਟਿ ਬਸੈ ਬਨਵਾਰੀ॥		Gur Naanak Nikatt Basai Banavaaree ||	Guru Nanak dwells near the Creator Lord.	ਗੁਰੂ ਨਾਨਕ ਅਕਾਲ ਪੁਰਖ ਦੇ ਨੇੜੇ ਵੱਸਦਾ ਹੈ।
59577	1401	ਤਿਨਿ ਲਹਣਾ ਥਾਪਿ ਜੋਤਿ ਜਗਿ ਧਾਰੀ॥		Thin Lehanaa Thhaap Joth Jag Dhhaaree ||	He established Lehnaa as Guru, and enshrined His Light in the world.	ਉਸ (ਗੁਰੂ ਨਾਨਕ) ਨੇ ਲਹਣੇ ਨੂੰ ਨਿਵਾਜ ਕੇ ਜਗਤ ਵਿਚ (ਰੱਬੀ) ਜੋਤਿ ਪ੍ਰਕਾਸ਼ ਕੀਤੀ।
59578	1401	ਲਹਣੈ ਪੰਥੁ ਧਰਮ ਕਾ ਕੀਆ॥		Lehanai Panthh Dhharam Kaa Keeaa ||	Lehnaa established the path of righteousness and Dharma,	ਲਹਣੇ ਨੇ ਧਰਮ ਦਾ ਰਾਹ ਚਲਾਇਆ,
59579	1401	ਅਮਰਦਾਸ ਭਲੇ ਕਉ ਦੀਆ॥	ਭਲੇ: ਪੋਲਾ ਬੋਲੋ	Amaradhaas Bhalae Ko Dheeaa ||	Which He passed on to Guru Amar Daas, of the Bhalla dynasty.	ਤੇ ਭੱਲੇ (ਗੁਰੂ) ਅਮਰਦਾਸ ਜੀ ਨੂੰ (ਨਾਮ ਦੀ ਦਾਤਿ) ਦਿੱਤੀ।
59580	1401	ਤਿਨਿ ਸ੍ਰੀ ਰਾਮਦਾਸੁ ਸੋਢੀ ਥਿਰੁ ਥਪ੍ਯਉ॥	ਥਪ੍ਯਉ: ਥਪਿਅਉ	Thin Sree Raamadhaas Sodtee Thhir Thhapyo ||	Then, He firmly established the Great Raam Daas of the Sodhi dynasty.	ਉਸ (ਗੁਰੂ ਅਮਰਦਾਸ ਜੀ) ਨੇ ਸੋਢੀ ਗੁਰੂ ਰਾਮਦਾਸ ਜੀ ਨੂੰ (ਸਦਾ ਲਈ) ਅਟੱਲ ਕਰ ਦਿੱਤਾ,

59581	1401	ਹਰਿ ਕਾ ਨਾਮੁ ਅਖੈ ਨਿਧਿ ਅਪ੍ਯੋ॥	ਅਖੈ:ਪੋਲਾ ਬੋਲੋ। (ਅਖੈ) ਅਬਿਨਾਸੀ।ਅਪ੍ਯੋ: ਅਪਿਅਉ।(ਅਪ੍ਯੋ) ਅਰਪਿਆ ਅੰਮ੍ਰਿਤ	Har Kaa Naam Akhai Nidhh Apyo ||	He was blessed with the inexhaustible treasure of the Lord's Name.	(ਅਤੇ ਉਹਨਾਂ ਨੂੰ) ਹਰੀ ਦਾ ਨਾਮ-ਰੂਪ ਨਾਹ ਮੁੱਕਣ ਵਾਲਾ ਖ਼ਜ਼ਾਨਾ ਬਖ਼ਸ਼ਿਆ ਤੇ ।
59582	1401	ਅਪ੍ਯੋ ਹਰਿ ਨਾਮੁ ਅਖੈ ਨਿਧਿ ਚਹੁ ਜੁਗਿ ਗੁਰ ਸੇਵਾ ਕਰਿ ਫਲੁ ਲਹੀਅੰ॥		Apyo Har Naam Akhai Nidhh Chahu Jug Gur Saevaa Kar Fal Leheean ||	He was blessed with the treasure of the Lord's Name; throughout the four ages, it is inexhaustible. Serving the Guru, He received His reward.	ਸਤਿਗੁਰੂ ਦੀ ਸੇਵਾ ਕਰ ਕੇ ਉਹਨਾਂ ਨੂੰ (ਨਾਮ-ਰੂਪ) ਫਲ ਪ੍ਰਾਪਤ ਹੁੰਦਾ ਹੈ। ਸਤਿਗੁਰੂ (ਉਹਨਾਂ ਨੂੰ) ਕਦੇ ਨਾਹ ਨਿਖੁੱਟਣ ਵਾਲਾ ਤੇ ਸਦਾ-ਥਿਰ ਰਹਿਣ ਵਾਲਾ ਨਾਮ-ਰੂਪ ਖ਼ਜ਼ਾਨਾ ਬਖ਼ਸ਼ਦਾ ਹੈ।
59583	1401	ਬੰਦਹਿ ਜੋ ਚਰਣ ਸਰਣਿ ਸੁਖੁ ਪਾਵਹਿ ਪਰਮਾਨੰਦ ਗੁਰਮੁਖਿ ਕਹੀਅੰ॥		Bandhehi Jo Charan Saran Sukh Paavehi Paramaanandh Guramukh Keheean ||	Those who bow at His Feet and seek His Sanctuary, are blessed with peace; those Gurmukhs are blessed with supreme bliss.	ਜੋ (ਮਨੁੱਖ ਗੁਰੂ ਦੇ) ਚਰਨਾਂ ਤੇ ਢਹਿੰਦੇ ਹਨ ਤੇ ਸਰਨ ਆਉਂਦੇ ਹਨ, ਉਹ ਸੁਖ ਪਾਂਦੇ ਹਨ, ਉਹ ਪਰਮ ਆਨੰਦ ਮਾਣਦੇ ਹਨ, ਤੇ ਉਹਨਾਂ ਨੂੰ ਗੁਰਮੁਖ ਆਖੀਦਾ ਹੈ।
59584	1401	ਪਰਤਖਿ ਦੇਹ ਪਾਰਬ੍ਰਹਮੁ ਸੁਆਮੀ ਆਦਿ ਰੂਪਿ ਪੋਖਣ ਭਰਣੰ॥		Parathakh Dhaeh Paarabreham Suaamee Aadh Roop Pokhan Bharanan ||	The Guru's Body is the Embodiment of the Supreme Lord God, our Lord and Master, the Form of the Primal Being, who nourishes and cherishes all.	(ਜੋ) ਪਰਮਾਤਮਾ (ਸਭ ਜੀਵਾਂ ਦਾ) ਮਾਲਕ ਹੈ, ਸਭ ਦਾ ਮੂਲ ਹੈ, ਹੋਂਦ ਵਾਲਾ ਹੈ, ਸਭ ਦਾ ਪਾਲਣ ਵਾਲਾ ਹੈ, ਉਹ ਹੁਣ) ਪਰਤੱਖ ਤੌਰ ਤੇ (ਗੁਰੂ ਰਾਮਦਾਸ ਜੀ ਦੇ) ਸਰੀਰ (ਵਿਚ ਪਰਗਟ) ਹੈ।

59585	1401	ਸਤਿਗੁਰੁ ਗੁਰੁ ਸੇਵਿ ਅਲਖ ਗਤਿ ਜਾ ਕੀ ਸ੍ਰੀ ਰਾਮਦਾਸੁ ਤਾਰਣ ਤਰਣੰ॥੧॥	ਅ-ਲਖ	Sathigur Gur Saev Alakh Gath Jaa Kee Sree Raamadhaas Thaaran Tharanan ||1||	So serve the Guru, the True Guru; His ways and means are inscrutable. The Great Guru Raam Daas is the Boat to carry us across. ||1||	ਜਿਸ ਗੁਰੂ (ਰਾਮਦਾਸ) ਦੀ ਆਤਮਕ ਅਵਸਥਾ ਬਿਆਨ ਤੋਂ ਬਾਹਰ ਹੈ, ਜੋ ਸੰਸਾਰ-ਸਾਗਰ ਤੋਂ ਤਾਰਨ ਲਈ ਜਹਾਜ਼ ਹੈ, ਉਸ ਦੀ ਸੇਵਾ ਕਰੋ ॥੧॥
59586	1401	ਜਿਹ ਅੰਮ੍ਰਿਤ ਬਚਨ ਬਾਣੀ ਸਾਧੂ ਜਨ ਜਪਹਿ ਕਰਿ ਬਿਚਿਤਿ ਚਾਓ॥	(ਬਿ-ਚਿੱਤਿ) ਖੋਜ ਵਿਚਾਰ ਉਤਸ਼ਾਹ ਨਾਲ	Jih Anmrith Bachan Baanee Saadhhoo Jan Japehi Kar Bichith Chaaou ||	The Holy people chant the Ambrosial Words of His Bani with delight in their minds.	ਜਿਸ (ਗੁਰੂ) ਦੇ ਅੰਮ੍ਰਿਤ ਬਚਨਾਂ ਤੇ ਬਾਣੀ ਨੂੰ ਸੰਤ-ਜਨ ਹਿਰਦੇ ਵਿਚ ਵੱਡੇ ਉਤਸ਼ਾਹ ਨਾਲ ਜਪਦੇ ਹਨ,
59587	1401	ਆਨੰਦੁ ਨਿਤ ਮੰਗਲੁ ਗੁਰ ਦਰਸਨੁ ਸਫਲੁ ਸੰਸਾਰਿ॥		Aanandh Nith Mangal Gur Dharasan Safal Sansaar ||	The Blessed Vision of the Guru's Darshan is fruitful and rewarding in this world; it brings lasting bliss and joy.	ਤੇ ਸਦਾ ਆਨੰਦ ਮੰਗਲ (ਕਰਦੇ ਹਨ), ਉਸ ਗੁਰੂ ਦਾ ਦਰਸ਼ਨ ਸੰਸਾਰ ਵਿਚ (ਉੱਤਮ) ਫਲ ਦੇਣ ਵਾਲਾ ਹੈ।
59588	1401	ਸੰਸਾਰਿ ਸਫਲੁ ਗੰਗਾ ਗੁਰ ਦਰਸਨੁ ਪਰਸਨ ਪਰਮ ਪਵਿਤ੍ਰ ਗਤੇ॥	ਗਤੇ: ਪੋਲਾ ਬੋਲੋ	Sansaar Safal Gangaa Gur Dharasan Parasan Param Pavithr Gathae ||	The Guru's Darshan is fruitful and rewarding in this world, like the Ganges. Meeting Him, the supreme sacred status is obtained.	ਸੰਸਾਰ ਵਿਚ ਸਤਿਗੁਰੂ ਦਾ ਦਰਸ਼ਨ ਗੰਗਾ ਵਾਂਗ ਸਫਲ ਹੈ। ਗੁਰੂ ਦੇ (ਚਰਨ) ਪਰਸਨ ਨਾਲ ਪਰਮ ਪਵਿਤ੍ਰ ਪਦਵੀ ਪ੍ਰਾਪਤ ਹੁੰਦੀ ਹੈ।

59589	1401	ਜੀਤਹਿ ਜਮ ਲੋਕੁ ਪਤਿਤ ਜੇ ਪ੍ਰਾਣੀ ਹਰਿ ਜਨ ਸਿਵ ਗੁਰ ਗ੍ਯਾਨਿ ਰਤੇ॥	ਗਿਆਨਿ	Jeethehi Jam Lok Pathith Jae Praanee Har Jan Siv Gur Gyaan Rathae ||	Even sinful people conquer the realm of Death, if they become the Lord's humble servants, and are imbued with the Guru's spiritual wisdom.	ਜੋ ਮਨੁੱਖ (ਪਹਿਲਾਂ) ਪਤਿਤ ਭੀ (ਭਾਵ, ਗਿਰੇ ਹੋਏ ਆਚਰਨ ਵਾਲੇ) ਹੁੰਦੇ ਹਨ, ਉਹ ਕਲਿਆਨ-ਸਰੂਪ ਸਤਿਗੁਰੂ ਦੇ ਗਿਆਨ ਵਿਚ ਰੰਗੇ ਜਾ ਕੇ ਰੱਬ ਦੇ ਸੇਵਕ ਬਣ ਕੇ ਜਮ-ਲੋਕ ਨੂੰ ਜਿੱਤ ਲੈਂਦੇ ਹਨ, (ਭਾਵ, ਉਹਨਾਂ ਨੂੰ ਜਮਾਂ ਦਾ ਡਰ ਨਹੀਂ ਰਹਿੰਦਾ)।
59590	1401	ਰਘੁਬੰਸਿ ਤਿਲਕੁ ਸੁੰਦਰੁ ਦਸਰਥ ਘਰਿ ਮੁਨਿ ਬੰਛਹਿ ਜਾ ਕੀ ਸਰਣੰ॥	ਇਹ ਸਾਰੇ ਮਹੱਲੇ ੪ ਜੀ ਦੀ ਸ੍ਰਬ ਵਿਆਪੀ, ਅਨਤ ਕਲਵਾਨ ਮਹਾਂ ਮਹਾਂ ਵਿਮਸਾਦ ਸੱਚੀ ਸ਼ਰਨ ਚਾਹੁੰਦੇ ਹਨ, ਰਘੁਬੰਸਿ ਤਿਲਕੁ ਟਿੱਕੇ ਰਾਮਚੰਦ੍ਰ ਜੀ	Raghubans Thilak Sundhar Dhasarathh Ghar Mun Banshhehi Jaa Kee Saranan ||	He is certified, like the handsome Ram Chander in the house of Dasrath of the Raghwa dynasty. Even the silent sages seek His Sanctuary.	ਰਘੂ ਦੀ ਕੁਲ ਵਿਚ ਦਸਰਥ ਦੇ ਘਰ ਵਿਚ ਸ਼ਿਰੋਮਣੀ ਤੇ ਸੁੰਦਰ (ਮੇਰੀਆਂ ਨਿਗਾਹਾਂ ਵਿਚ ਤਾਂ ਗੁਰੂ ਰਾਮਦਾਸ ਜੀ ਹੀ ਸਨ) ਜਿਨ੍ਹਾਂ ਦੀ ਸਰਨ ਆਉਣਾ (ਸਾਰੇ) ਮੁਨੀ ਲੋਚਦੇ ਹਨ।
59591	1402	ਸਤਿਗੁਰੁ ਗੁਰੁ ਸੇਵਿ ਅਲਖ ਗਤਿ ਜਾ ਕੀ ਸ੍ਰੀ ਰਾਮਦਾਸੁ ਤਾਰਣ ਤਰਣੰ॥੨॥		Sathigur Gur Saev Alakh Gath Jaa Kee Sree Raamadhaas Thaaran Tharanan ||2||	So serve the Guru, the True Guru; His ways and means are inscrutable. The Great Guru Raam Daas is the Boat to carry us across. ||2||	ਸ੍ਰੀ ਗੁਰੂ (ਰਾਮਦਾਸ ਜੀ) ਦੀ ਸੇਵਾ ਕਰੋ (ਸਰਨ ਪਵੋ) ਜਿਸ ਦੀ ਆਤਮਕ ਅਵਸਥਾ ਬਿਆਨ ਤੋਂ ਬਾਹਰ ਹੈ, ਤੇ ਜੋ ਤਾਰਣ ਲਈ ਜਹਾਜ਼ ਹੈ ॥੨॥

59592	1402	ਸੰਸਾਰੁ ਅਗਮ ਸਾਗਰੁ ਤੁਲਹਾ ਹਰਿ ਨਾਮੁ ਗੁਰੂ ਮੁਖਿ ਪਾਯਾ॥	ਪਾ-ਯਾ: ਯ ਤਾਲੂ ਤੋਂ ਬੋਲੋ।	Sansaar Agam Saagar Thulehaa Har Naam Guroo Mukh Paayaa ||	The Name of the Lord, from the Mouth of the Guru, is the Raft to cross over the unfathomable world-ocean.	ਸੰਸਾਰ ਅਥਾਹ ਸਮੁੰਦਰ ਹੈ, ਤੇ ਹਰੀ ਦਾ ਨਾਮ (ਇਸ ਵਿਚੋਂ ਤਾਰਨ ਲਈ) ਤੁਲਹਾ ਹੈ; (ਜਿਸ ਮਨੁੱਖ ਨੇ) ਗੁਰੂ ਦੀ ਰਾਹੀਂ (ਇਹ ਤੁਲਹਾ) ਪ੍ਰਾਪਤ ਕਰ ਲਿਆ ਹੈ,
59593	1402	ਜਗਿ ਜਨਮ ਮਰਣੁ ਭਗਾ ਇਹ ਆਈ ਹੀਐ ਪਰਤੀਤਿ॥	(ਭਗਾ) ਭੱਜ ਗਿਆ। ਭੱਗਾ	Jag Janam Maran Bhagaa Eih Aaee Heeai Paratheeth ||	The cycle of birth and death in this world is ended for those who have this faith in their hearts.	ਤੇ ਜਿਸ ਨੂੰ ਹਿਰਦੇ ਵਿਚ ਇਹ ਯਕੀਨ ਬੱਝ ਗਿਆ ਹੈ, ਉਸ ਦਾ ਜਗਤ ਵਿਚ ਜਨਮ ਮਰਨ ਮੁੱਕ ਜਾਂਦਾ ਹੈ।
59594	1402	ਪਰਤੀਤਿ ਹੀਐ ਆਈ ਜਿਨ ਜਨ ਕੈ ਤਿਨ੍ ਕਉ ਪਦਵੀ ਉਚ ਭਈ॥		Paratheeth Heeai Aaee Jin Jan Kai Thinh Ko Padhavee Ouch Bhee ||	Those humble beings who have this faith in their hearts, are awarded the highest status.	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਯਕੀਨ ਬੱਝ ਗਿਆ ਹੈ, ਉਹਨਾਂ ਨੂੰ ਉੱਚੀ ਪਦਵੀ ਮਿਲੀ ਹੈ;
59595	1402	ਤਜਿ ਮਾਇਆ ਮੋਹੁ ਲੋਭੁ ਅਰੁ ਲਾਲਚੁ ਕਾਮ ਕ੍ਰੋਧ ਕੀ ਬ੍ਰਿਥਾ ਗਈ॥		Thaj Maaeiaa Mohu Lobh Ar Laalach Kaam Krodhh Kee Brithhaa Gee ||	They forsake Maya, emotional attachment and greed; they are rid of the frustrations of possessiveness, sexual desire and anger.	ਮਾਇਆ ਦਾ ਮੋਹ, ਲੋਭ ਅਤੇ ਲਾਲਚ ਤਿਆਗ ਕੇ (ਭਾਵ, ਉਹਨਾਂ ਨੇ ਤਿਆਗ ਦਿੱਤਾ ਹੈ ਅਤੇ) ਉਹਨਾਂ ਦੀ ਕਾਮ ਕ੍ਰੋਧ ਦੀ ਪੀੜ ਦੂਰ ਹੋ ਗਈ ਹੈ।

59596	1402	ਅਵਲੋਖ੍ਯਾ ਬ੍ਰਹਮੁ ਭਰਮੁ ਸਭੁ ਛੁਟਖ੍ਯਾ ਦਿਬ੍ਯ ਦ੍ਰਿਸ੍ਟਿ ਕਾਰਣ ਕਰਣੰ॥	ਅਵਲੋਖ੍ਯਾ: ਅਵਲੋਕਿਆ। (ਅਵਲੋਖ੍ਯਾ) ਛੁਟਕਿਆ। ਦਿਬ੍ਯ:ਦਿੱਬਿਅ। ਦ੍ਰਿਸ੍ਟਿ : ਅੱਧਾ ਟੈਂਕਾ ਪੋਲਾ ਬੋਲੋ	Avalokyaa Breham Bharam Sabh Shhuttakyaa Dhiby Dhrist Kaaran Karanan ||	They are blessed with the Inner Vision to see God, the Cause of causes, and all their doubts are dispelled.	ਜਿਸ ਮਨੁੱਖ ਨੇ ਸ੍ਰਿਸ਼ਟੀ ਦੇ ਮੂਲ, ਦਿੱਬ ਦ੍ਰਿਸ਼ਟੀ ਵਾਲੇ ਹਰੀ-(ਰੂਪ ਗੁਰੂ ਰਾਮਦਾਸ ਜੀ) ਨੂੰ ਡਿੱਠਾ ਹੈ, ਉਸ ਦਾ ਸਾਰਾ ਭਰਮ ਮਿਟ ਗਿਆ ਹੈ।
59597	1402	ਸਤਿਗੁਰੁ ਗੁਰੁ ਸੇਵਿ ਅਲਖ ਗਤਿ ਜਾ ਕੀ ਸ੍ਰੀ ਰਾਮਦਾਸੁ ਤਾਰਣ ਤਰਣੰ॥੩॥	ਅ-ਲਖ	Sathigur Gur Saev Alakh Gath Jaa Kee Sree Raamadhaas Thaaran Tharanan ||3||	So serve the Guru, the True Guru; His ways and means are inscrutable. The Great Guru Raam Daas is the Boat to carry us across. ||3||	(ਤਾਂ ਤੇ) ਗੁਰੂ ਰਾਮਦਾਸ ਜੀ ਦੀ ਸੇਵਾ ਕਰੋ, ਜਿਸ ਦੀ ਆਤਮਕ ਅਵਸਥਾ ਬਿਆਨ ਤੋਂ ਪਰੇ ਹੈ, ਤੇ ਜੋ ਤਾਰਨ ਲਈ ਜਹਾਜ਼ ਹੈ ॥੩॥
59598	1402	ਪਰਤਾਪੁ ਸਦਾ ਗੁਰ ਕਾ ਘਟਿ ਘਟਿ ਪਰਗਾਸੁ ਭਯਾ ਜਸੁ ਜਨ ਕੈ॥	ਭ-ਯਾ: ਯ ਤਾਲੂ ਤੋਂ ਬੋਲੋ	Parathaap Sadhaa Gur Kaa Ghatt Ghatt Paragaas Bhayaa Jas Jan Kai ||	The Glorious Greatness of the Guru is manifest forever in each and every heart. His humble servants sing His Praises.	ਸਤਿਗੁਰੂ ਦਾ ਪ੍ਰਤਾਪ ਸਦਾ ਹਰੇਕ ਘਟ ਵਿਚ, ਤੇ ਸਤਿਗੁਰੂ ਦਾ ਜਸ ਦਾਸਾਂ ਦੇ ਹਿਰਦੇ ਵਿਚ ਪਰਗਟ ਹੋ ਰਿਹਾ ਹੈ।
59599	1402	ਇਕਿ ਪੜਹਿ ਸੁਣਹਿ ਗਾਵਹਿ ਪਰਭਾਤਿਹਿ ਕਰਹਿ ਇਸ੍ਨਾਨੁ॥	(ਪਰਭਾਤਿ-ਹਿ) ਅੰਮ੍ਰਿਤ ਵੇਲੇ। ਇਸ੍ਨਾਨੁ: ਨੰਨਾ ਅੱਧਾ ਪੋਲਾ ਬੋਲੋ	Eik Parrehi Sunehi Gaavehi Parabhaathihi Karehi Eisaan ||	Some read and listen and sing of Him, taking their cleansing bath in the early hours of the morning before the dawn.	ਕਈ ਮਨੁੱਖ (ਗੁਰੂ ਦਾ ਜਸ) ਪੜ੍ਹਦੇ ਹਨ, ਸੁਣਦੇ ਹਨ ਤੇ ਗਾਉਂਦੇ ਹਨ ਤੇ (ਉਸ 'ਜਸ'-ਰੂਪ ਜਲ ਵਿਚ) ਅੰਮ੍ਰਿਤ ਵੇਲੇ ਇਸ਼ਨਾਨ ਕਰਦੇ ਹਨ।

59600	1402	ਇਸ੍ਨਾਨੁ ਕਰਹਿ ਪਰਭਾਤਿ ਸੁਧ ਮਨਿ ਗੁਰ ਪੂਜਾ ਬਿਧਿ ਸਹਿਤ ਕਰੰ॥	ਬਿਧੀ ਪੂਰਬਕ ਛੇ ਅੰਗਾਂ ਕਰਕੇ,ਚਿੱਤ ਦੀ ਇਕਾਗ੍ਰਤਾ, ਸੰਤੋਖ, ਬਾਣੀ ਦੀ ਪ੍ਰੀਤੀ, ਅਖੰਡ ਸ਼ਰਧਾ, ਦੀਰਘ ਕਾਲ ਅਭਿਆਸ, ਗੁਰੂ ਇਸ਼ਟ ਨੂੰ ਬਿਧਿ ਕਰਤਾਰ ਸਰੂਪ ਸਮਝ ਕੇ, ਸਦਾ ਅੰਗ ਸੰਗ ਜਾਨਣਾ ਅੰਤਰ ਬਾਹਰ। ਬਿਧਿ: ਪੋਲਾ ਬੋਲੋ	Eisaan Karehi Parabhaath Sudhh Man Gur Poojaa Bidhh Sehith Karan ||	After their cleansing bath in the hours before the dawn, they worship the Guru with their minds pure and clear.	(ਕਈ ਮਨੁੱਖ ਗੁਰੂ ਦੇ ਜਸ-ਰੂਪ ਜਲ ਵਿਚ) ਅੰਮ੍ਰਿਤ ਵੇਲੇ ਚੁੱਭੀ ਲਾਂਦੇ ਹਨ, ਤੇ ਸੁੱਧ ਹਿਰਦੇ ਨਾਲ ਮਰਿਆਦਾ ਅਨੁਸਾਰ ਗੁਰੂ ਦੀ ਪੂਜਾ ਕਰਦੇ ਹਨ,
59601	1402	ਕੰਚਨੁ ਤਨੁ ਹੋਇ ਪਰਸਿ ਪਾਰਸ ਕਉ ਜੋਤਿ ਸਰੂਪੀ ਧ੍ਯਾਨੁ ਧਰੰ॥	ਧ੍ਯਾਨੁ: ਧਿਆਨੁ	Kanchan Than Hoe Paras Paaras Ko Joth Saroopee Dhhyaan Dhharan ||	Touching the Philosopher's Stone, their bodies are transformed into gold. They focus their meditation on the Embodiment of Divine Light.	ਜੋਤਿ-ਰੂਪ ਗੁਰੂ ਦਾ ਧਿਆਨ ਧਰਦੇ ਹਨ, ਅਤੇ ਪਾਰਸ-ਗੁਰੂ ਨੂੰ ਛੂਹ ਕੇ ਉਹਨਾਂ ਦਾ ਸਰੀਰ ਕੰਚਨ (ਵਤ ਸੁੱਧ) ਹੋ ਜਾਂਦਾ ਹੈ।
59602	1402	ਜਗਜੀਵਨੁ ਜਗੰਨਾਥੁ ਜਲ ਥਲ ਮਹਿ ਰਹਿਆ ਪੂਰਿ ਬਹੁ ਬਿਧਿ ਬਰਨੰ॥	ਜੱਗਜੀਵਨੁ	Jagajeevan Jagannaathh Jal Thhal Mehi Rehiaa Poor Bahu Bidhh Baranan ||	The Master of the Universe, the very Life of the World pervades the sea and the land, manifesting Himself in myriads of ways.	ਜੋ (ਗੁਰੂ) ਉਸ 'ਜਗਤ ਦੇ ਜੀਵਨ' ਤੇ 'ਜਗਤ ਦੇ ਨਾਥ' ਹਰੀ ਦਾ ਰੂਪ ਹੈ ਜੋ (ਹਰੀ) ਕਈ ਰੰਗਾਂ ਵਿਚ ਜਲਾਂ ਥਲਾਂ ਵਿਚ ਵਿਆਪਕ ਹੈ,

59603	1402	ਸਤਿਗੁਰੁ ਗੁਰੁ ਸੇਵਿ ਅਲਖ ਗਤਿ ਜਾ ਕੀ ਸ੍ਰੀ ਰਾਮਦਾਸੁ ਤਾਰਣ ਤਰਣੰ॥੪॥		Sathigur Gur Saev Alakh Gath Jaa Kee Sree Raamadhaas Thaaran Tharanan ||4||	So serve the Guru, the True Guru; His ways and means are inscrutable. The Great Guru Raam Daas is the Boat to carry us across. ||4||	(ਉਸ) ਸਤਿਗੁਰੂ ਰਾਮਦਾਸ ਜੀ ਦੀ ਸੇਵਾ ਕਰੋ, (ਸਰਨ ਪਵੋ) ਜਿਸ ਦੀ ਆਤਮਕ ਅਵਸਥਾ ਕਥਨ ਤੋਂ ਪਰੇ ਹੈ, ਤੇ ਜੋ ਤਾਰਨ ਲਈ ਜਹਾਜ਼ ਹੈ ॥੪॥
59604	1402	ਜਿਨਹੁ ਬਾਤ ਨਿਸ੍ਚਲ ਧ੍ਰੂਅ ਜਾਨੀ ਤੇਈ ਜੀਵ ਕਾਲ ਤੇ ਬਚਾ॥	ਧ੍ਰੂਅ ਭਗਤ ਜੀ ਵਾਂਗ ਚਿੱਤ ਨੂੰ (ਨਿਸ੍ਚਲ) ਅਚੱਲ ਕਰਕੇ, ਦ੍ਰਿੜ ਕਰਕੇ। ਨਿਸ੍ਚਲ: ਅੱਧਾ ੍ਚ: ਪੋਲਾ ਬੋਲੋ । ਬਚਾ:ਪੋਲਾ ਬੋਲੋ। (ਬਚਾ) ਬਚ ਗਿਆ	Jinahu Baath Nischal Dhhrooa Jaanee Thaeee Jeev Kaal Thae Bachaa ||	Those who realize the Eternal, Unchanging Word of God, like Dhroo, are immune to death.	ਜਿਨ੍ਹਾਂ (ਮਨੁੱਖਾਂ ਨੇ) ਗੁਰੂ ਦੇ ਬਚਨ ਧ੍ਰੂ ਭਗਤ ਵਾਂਗ ਦ੍ਰਿੜ੍ਹ ਕਰਕੇ ਮੌਨੇ ਹਨ, ਉਹ ਮਨੁੱਖ ਕਾਲ (ਦੇ ਭੈ) ਤੋਂ ਬਚ ਗਏ ਹਨ।
59605	1402	ਤਿਨ੍ ਤਰਿਓ ਸਮੁਦ੍ਰੁ ਰੁਦ੍ਰੁ ਖਿਨ ਇਕ ਮਹਿ ਜਲਹਰ ਬਿੰਬ ਜੁਗਤਿ ਜਗੁ ਰਚਾ॥	(ਰੁਦ੍ਰੁ) ਭਿਆਨਕ, (ਜਲਹਰ) ਬੱਦਲ ਦੇ (ਬਿੰਬ) ਪਰਛਾਵੇਂ (ਜੁਗਤਿ) ਵਾਂਗ ਜੱਗ ਰਚਿਆ ਹੈ।ਰਚਾ: ਪੋਲਾ ਬੋਲੋ	Thinh Thariou Samudhra Rudhra Khin Eik Mehi Jalehar Binb Jugath Jag Rachaa ||	They cross over the terrifying world-ocean in an instant; the Lord created the world like a bubble of water.	ਭਿਆਨਕ ਸੰਸਾਰ-ਸਮੁੰਦਰ ਉਹਨਾਂ ਨੇ ਇਕ ਪਲ ਵਿਚ ਤਰ ਲਿਆ ਹੈ, ਜਗਤ ਨੂੰ ਉਹ ਬੱਦਲਾਂ ਦੀ ਛਾਂ ਵਾਂਗ ਰਚਿਆ ਹੋਇਆ (ਸਮਝਦੇ ਹਨ)।
59606	1402	ਕੁੰਡਲਨੀ ਸੁਰਝੀ ਸਤਸੰਗਤਿ ਪਰਮਾਨੰਦ ਗੁਰੂ ਮੁਖਿ ਮਚਾ॥	ਮਨ ਦੀ (ਕੁੰਡਲਨੀ) ਗੁੰਝਲ। ਮੁਖੀ ਗੁਰੂ ਜੀ ਨੇ (ਮੱਚਾ) ਪ੍ਰਕਸ਼ਣਾ ਕੀਤਾ	Kunddalanee Surajhee Sathasangath Paramaanandh Guroo Mukh Machaa ||	The Kundalini rises in the Sat Sangat, the True Congregation; through the Word of the Guru, they enjoy the Lord of Supreme Bliss.	ਉਹਨਾਂ ਦੇ ਮਨ ਦੇ ਵੱਟ ਸਤ-ਸੰਗ ਵਿਚ ਖੁਲ੍ਹਦੇ ਹਨ, ਉਹ ਪਰਮਾਨੰਦ ਮਾਣਦੇ ਹਨ ਤੇ ਗੁਰੂ ਦੀ ਬਰਕਤਿ ਨਾਲ ਉਹਨਾਂ ਦਾ ਜਸ ਪਰਗਟਦਾ ਹੈ।

59607	1402	ਸਿਰੀ ਗੁਰੂ ਸਾਹਿਬੁ ਸਭ ਊਪਰਿ ਮਨ ਬਚ ਕ੍ਰੰਮ ਸੇਵੀਐ ਸਚਾ॥੫॥		Siree Guroo Saahib Sabh Oopar Man Bach Kranm Saeveeai Sachaa ||5||	The Supreme Guru is the Lord and Master over all; so serve the True Guru, in thought, word and deed. ||5||	(ਤਾਂ ਤੇ ਇਹੋ ਜਿਹੇ) ਸੱਚੇ ਗੁਰੂ ਨੂੰ ਮਨ ਬਚਨ ਤੇ ਕਰਮਾਂ ਦੁਆਰਾ ਪੂਜਣਾ ਚਾਹੀਦਾ ਹੈ; ਇਹ ਸਤਿਗੁਰੂ ਸਭ ਤੋਂ ਉੱਚਾ ਹੈ ॥੫॥
59608	1402	ਵਾਹਿਗੁਰੂ ਵਾਹਿਗੁਰੂ ਵਾਹਿਗੁਰੂ ਵਾਹਿ ਜੀਉ॥		Vaahiguroo Vaahiguroo Vaahiguroo Vaahi Jeeo ||	Waahay Guru, Waahay Guru, Waahay Guru, Waahay Jee-o.	ਵਾਹ ਵਾਹ! ਹੇ ਪਿਆਰੇ! ਹੇ ਗੁਰੂ! ਸਦਕੇ!
59609	1402	ਕਵਲ ਨੈਨ ਮਧੁਰ ਬੈਨ ਕੋਟਿ ਸੈਨ ਸੰਗ ਸੋਭ ਕਹਤ ਮਾ ਜਸੋਦ ਜਿਸਹਿ ਦਹੀ ਭਾਤੁ ਖਾਹਿ ਜੀਉ॥	ਮਾਤਾ (ਜਸੋਦ) ਜਸੋਧਾਂ ਜੀ। (ਭਾਤੁ) ਚਾਵਲ। ਭਾਤੁ: ਬਿੰਦੀ ਨਹੀਂ ਲਾਉਣੀ। ਕ੍ਰੋੜਾਂ ਕ੍ਰਿਸਨ ਜੀ ਦੀਆਂ ਕ੍ਰੋੜਾਂ ਸੈਨਾ ਵਾਹਿਗੁਰੂ ਜੀ ਨਾਲ ਸੋਭਨੀਕ ਹੋ ਰਹੀਆਂ ਹਨ	Kaval Nain Madhhur Bain Kott Sain Sang Sobh Kehath Maa Jasodh Jisehi Dhehee Bhaath Khaahi Jeeo ||	You are lotus-eyed, with sweet speech, exalted and embellished with millions of companions. Mother Yashoda invited You as Krishna to eat the sweet rice.	ਤੇਰੇ ਕਮਲ ਵਰਗੇ ਨੇਤ੍ਰ ਹਨ, (ਮੇਰੇ ਵਾਸਤੇ ਤਾਂ ਤੂੰ ਹੀ ਹੈਂ ਜਿਸ ਨੂੰ) ਮਾਂ ਜਸੋਧਾ ਆਖਦੀ ਸੀ-'ਹੇ ਲਾਲ (ਆ), ਦਹੀਂ ਚਾਉਲ ਖਾ।'

59610	1402	ਦੇਖਿ ਰੂਪੁ ਅਤਿ ਅਨੂਪੁ ਮੋਹ ਮਹਾ ਮਗ ਭਈ ਕਿੰਕਨੀ ਸਬਦ ਝਨਤਕਾਰ ਖੇਲੁ ਪਾਹਿ ਜੀਉ॥	ਮਗ:ਪੋਲਾ ਬੋਲੋ। (ਮਗ) ਮਗਨ। (ਤੜਾਗੀ) ਕਿੰਕਨੀ ਘੁੰਗਰੂਆਂ ਦੀ। (ਝਨਤਕਾਰ) ਝੁਨਕਾਰ। ਖ਼ੇਲੁ	Dhaekh Roop Ath Anoop Moh Mehaa Mag Bhee Kinkanee Sabadh Jhanathakaar Khael Paahi Jeeo ||	Gazing upon Your supremely beautiful form, and hearing the musical sounds of Your silver bells tinkling, she was intoxicated with delight.	ਜਦੋਂ ਤੂੰ ਖੇਡ ਮਚਾਉਂਦਾ ਸੈਂ, ਤੇਰੀ ਤੜਾਗੀ ਦੀ ਛਣਕਾਰ ਦੀ ਅਵਾਜ਼ ਪੈਂਦੀ ਸੀ, ਤੇਰੇ ਅੱਤ ਸੋਹਣੇ ਮੁਖੜੇ ਨੂੰ ਵੇਖ ਕੇ (ਮਾਂ ਜਸੋਧਾ) ਤੇਰੇ ਪਿਆਰ ਵਿਚ ਮਗਨ ਹੋ ਜਾਂਦੀ ਸੀ।
59611	1402	ਕਾਲ ਕਲਮ ਹੁਕਮੁ ਹਾਥਿ ਕਹਉ ਕਉਨੁ ਮੇਟਿ ਸਕੈ ਈਸੁ ਬੰਮੁ ਗ੍ਯਾਨੁ ਧ੍ਯਾਨੁ ਧਰਤ ਹੀਐ ਚਾਹਿ ਜੀਉ॥	ਬੰਮ੍ਹ: ਅੱਖਰ ਹੇਠਾਂ ੁ ਅੱਧੇ ਯ ਨੂੰ ਔਂਕੜ ਹੋਵੇ ਤਾਂ ਪੋਲਾ ਬੋਲੋ ਉ ਬੋਲੋ, ਬੰਮ੍ਹ ਨੂੰ ਬੰਮਉ ਬੋਲੋ।(ਬੰਮ੍ਹ) ਬ੍ਰਹਮਾ। ਗ੍ਯਾਨੁ ਧ੍ਯਾਨੁ: ਗਿਆਨੁ ਧਿਆਨੁ	Kaal Kalam Hukam Haathh Kehahu Koun Maett Sakai Ees Banmya Gyaan Dhyaan Dharath Heeai Chaahi Jeeo ||	Death's pen and command are in Your hands. Tell me, who can erase it? Shiva and Brahma yearn to enshrine Your spiritual wisdom in their hearts.	ਕਾਲ ਦੀ ਕਲਮ ਤੇ ਹੁਕਮ (ਗੁਰੂ ਦੇ ਹੀ) ਹੱਥ ਵਿਚ ਹਨ। ਦੱਸੋ, ਕਉਣ (ਗੁਰੂ ਦੇ ਹੁਕਮ ਨੂੰ) ਮਿਟਾ ਸਕਦਾ ਹੈ? ਸ਼ਿਵ ਤੇ ਬ੍ਰਹਮਾ (ਗੁਰੂ ਦੇ ਬਖ਼ਸ਼ੇ ਹੋਏ) ਗਿਆਨ ਤੇ ਧਿਆਨ ਨੂੰ ਆਪਣੇ ਹਿਰਦੇ ਵਿਚ ਧਾਰਨ ਕਰਨਾ ਚਾਹੁੰਦੇ ਹਨ।

59612	1402	ਸਤਿ ਸਾਚੁ ਸ੍ਰੀ ਨਿਵਾਸੁ ਆਦਿ ਪੁਰਖੁ ਸਦਾ ਤੁਹੀ ਵਾਹਿਗੁਰੂ ਵਾਹਿਗੁਰੂ ਵਾਹਿਗੁਰੂ ਵਾਹਿ ਜੀਉ॥੧॥੬॥		Sath Saach Sree Nivaas Aadh Purakh Sadhaa Thuhee Vaahiguroo Vaahiguroo Vaahiguroo Vaahi Jeeo ||1||6||	You are forever True, the Home of Excellence, the Primal Supreme Being. Waahay Guru, Waahay Guru, Waahay Guru, Waahay Jee-o. ||1||6||	ਹੇ ਗੁਰੂ! ਤੂੰ ਅਚਰਜ ਹੈਂ, ਤੂੰ ਸਤਿ-ਸਰੂਪ ਹੈਂ, ਤੂੰ ਅਟੱਲ ਹੈਂ, ਤੂੰ ਹੀ ਲੱਛਮੀ ਟਿਕਾਣਾ ਹੈਂ, ਤੂੰ ਹੀ ਆਦਿ ਪੁਰਖੁ ਹੈਂ ਤੇ ਸਦਾ-ਥਿਰ ਹੈਂ ॥੧॥੬॥
59613	1402	ਰਾਮ ਨਾਮ ਪਰਮ ਧਾਮ ਸੁਧ ਬੁਧ ਨਿਰੀਕਾਰ ਬੇਸੁਮਾਰ ਸਰਬਰ ਕਉ ਕਾਹਿ ਜੀਉ॥	(ਸਰਬਰ) ਬਰਾਬਰ	Raam Naam Param Dhhaam Sudhh Budhh Nireekaar Baesumaar Sarabar Ko Kaahi Jeeo ||	You are blessed with the Lord's Name, the supreme mansion, and clear understanding. You are the Formless, Infinite Lord; who can compare to You?	ਹੇ ਸਤਿਗੁਰੂ! ਤੇਰਾ ਹੀ ਨਾਮ 'ਰਾਮ' ਹੈ, ਤੇ ਟਿਕਾਣਾ ਉੱਚਾ ਹੈ। ਤੂੰ ਸੁੱਧ ਗਿਆਨ ਵਾਲਾ ਹੈਂ, ਆਕਾਰ-ਰਹਿਤ ਹੈਂ, ਬੇਅੰਤ ਹੈਂ। ਤੇਰੇ ਬਰਾਬਰ ਦਾ ਕੌਣ ਹੈ? ਹੇ ਗੁਰੂ! ਤੂੰ ਅਡੋਲ ਚਿੱਤ ਵਾਲਾ ਹੈਂ।
59614	1402	ਸੁਥਰ ਚਿਤ ਭਗਤ ਹਿਤ ਭੇਖੁ ਧਰਿਓ ਹਰਨਾਖਸੁ ਹਰਿਓ ਨਖ ਬਿਦਾਰਿ ਜੀਉ॥	(ਸੁਥਰ) ਸਾਫ਼ ਸੁਥਰਾ। (ਨਖ) ਨਹੁੰ। ਸੁਥਰ, ਨਖ: ਪੋਲੇ ਬੋਲੋ ਮਿਲਵੇਂ	Suthhar Chith Bhagath Hith Bhaekh Dhhariou Haranaakhas Hariou Nakh Bidhaar Jeeo ||	For the sake of the pure-hearted devotee Prahlaad, You took the form of the man-lion, to tear apart and destroy Harnaakhash with your claws.	(ਮੇਰੇ ਵਾਸਤੇ ਤਾਂ ਤੂੰ ਹੀ ਹੈਂ ਜਿਸ ਨੇ) ਭਗਤ (ਪ੍ਰਹਲਾਦ) ਦੀ ਖ਼ਾਤਰ (ਨਰਸਿੰਘ ਦਾ) ਰੂਪ ਧਾਰਿਆ ਸੀ, ਤੇ ਹਰਣਾਖਸ਼ ਨੂੰ ਨਹੁੰਆਂ ਨਾਲ ਚੀਰ ਕੇ ਮਾਰਿਆ ਸੀ।

59615	1402	ਸੰਖ ਚਕ੍ਰ ਗਦਾ ਪਦਮ ਆਪਿ ਆਪੁ ਕੀਓ ਛਦਮ ਅਪਰੰਪਰ ਪਾਰਬ੍ਰਹਮ ਲਖੈ ਕਉਨੁ ਤਾਹਿ ਜੀਉ॥	ਅਪ-ਰੰਪਰ	Sankh Chakr Gadhaa Padham Aap Aap Keeou Shhadham Aparanpar Paarabreham Lakhai Koun Thaahi Jeeo ||	You are the Infinite Supreme Lord God; with your symbols of power, You deceived Baliraja; who can know You?	ਹੇ ਸਤਿਗੁਰੂ! (ਮੇਰੇ ਵਾਸਤੇ ਤਾਂ ਤੂੰ ਹੀ ਉਹ ਹੈਂ ਜਿਸ ਦੇ) ਸੰਖ, ਚਕ੍ਰ, ਗਦਾ ਤੇ ਪਦਮ (ਚਿੰਨ੍ਹ ਹਨ); (ਮੇਰੇ ਵਾਸਤੇ ਤਾਂ ਤੂੰ ਹੀ ਉਹ ਹੈਂ ਜਿਸ ਨੇ) ਆਪ ਆਪਣੇ ਆਪ ਨੂੰ (ਬਾਵਨ-ਰੂਪ) ਛਲ ਬਣਾਇਆ ਸੀ। ਤੂੰ ਬੇਅੰਤ ਪਾਰਬ੍ਰਹਮ (ਦਾ ਰੂਪ) ਹੈਂ, ਤੇਰੇ ਉਸ ਰੂਪ ਨੂੰ ਕੌਣ ਪਛਾਣ ਸਕਦਾ ਹੈ? ਹੇ ਗੁਰੂ।
59616	1402	ਸਤਿ ਸਾਚੁ ਸ੍ਰੀ ਨਿਵਾਸੁ ਆਦਿ ਪੁਰਖੁ ਸਦਾ ਤੁਹੀ ਵਾਹਿਗੁਰੂ ਵਾਹਿਗੁਰੂ ਵਾਹਿਗੁਰੂ ਵਾਹਿ ਜੀਉ॥੨॥੭॥		Sath Saach Sree Nivaas Aadh Purakh Sadhaa Thuhee Vaahiguroo Vaahiguroo Vaahiguroo Vaahi Jeeo ||2||7||	You are forever True, the Home of Excellence, the Primal Supreme Being. Waahay Guru, Waahay Guru, Waahay Guru, Waahay Jee-o. ||2||7||	ਤੂੰ ਅਸਚਰਜ ਹੈਂ, ਤੂੰ ਅਟੱਲ ਹੈਂ, ਤੂੰ ਹੀ ਲੱਛਮੀ ਦਾ ਟਿਕਾਣਾ ਹੈਂ, ਤੂੰ ਆਦਿ ਪੁਰਖ ਹੈਂ, ਤੇ ਸਦਾ-ਥਿਰ ਹੈਂ ॥੨॥੭॥

59617	1402	ਪੀਤ ਬਸਨ ਕੁੰਦ ਦਸਨ ਪ੍ਰਿਆ ਸਹਿਤ ਕੰਠ ਮਾਲ ਮੁਕਟੁ ਸੀਸਿ ਮੋਰ ਪੰਖ ਚਾਹਿ ਜੀਉ॥	(ਕੁੰਦ) ਚੰਬੇਲੀ ਦੀਆਂ ਚਿੱਟੀਆਂ ਕਲੀਆਂ ਵਰਗੇ, (ਦਸਨ) ਦੰਦ	Peeth Basan Kundh Dhasan Pria Sehith Kanth Maal Mukatt Sees Mor Pankh Chaahi Jeeo ||	As Krishna, You wear yellow robes, with teeth like jasmine flowers; You dwell with Your lovers, with Your mala around Your neck, and You joyfully adorn Your head with the crow of peacock feathers.	ਹੇ ਸਤਿਗੁਰੂ! (ਮੇਰੇ ਵਾਸਤੇ ਤਾਂ) ਪੀਲੇ ਬਸਤ੍ਰਾਂ ਵਾਲਾ (ਕ੍ਰਿਸ਼ਨ) ਤੂੰ ਹੀ ਹੈਂ, (ਜਿਸ ਦੇ) ਕੁੰਦ ਵਰਗੇ ਚਿੱਟੇ ਦੰਦ ਹਨ, (ਜੋ) ਆਪਣੀ ਪਿਆਰੀ (ਰਾਧਕਾ) ਦੇ ਨਾਲ ਹੈ; (ਜਿਸ ਦੇ) ਗਲ ਵਿਚ ਮਾਲਾ ਹੈ, ਮੋਰ ਦੇ ਖੰਭਾਂ ਦਾ ਮੁਕਟੁ (ਜਿਸ ਨੇ) ਆਪਣੇ ਮਸਤਕ ਉਤੇ ਚਾਹ ਨਾਲ (ਪਹਿਨਿਆ ਹੈ)।
59618	1403	ਬੇਵਜੀਰ ਬਡੇ ਧੀਰ ਧਰਮ ਅੰਗ ਅਲਖ ਅਗਮ ਖੇਲੁ ਕੀਆ ਆਪਨੈ ਉਛਾਹਿ ਜੀਉ॥	ਅ-ਲਖ: ਪੋਲਾ ਬੋਲੋ। ਖੇਲੁ	Baevajeer Baddae Dhheer Dhharam Ang Alakh Agam Khael Keeaa Aapanai Oushhaahi Jeeo ||	You have no advisors, You are so very patient; You are the Upholder of the Dharma, unseen and unfathomable. You have staged the play of the Universe with joy and delight.	ਤੂੰ ਬੜਾ ਧੀਰਜ ਵਾਲਾ ਹੈਂ, ਤੈਨੂੰ ਸਲਾਹਕਾਰ ਦੀ ਲੋੜ ਨਹੀਂ, ਤੂੰ ਧਰਮ-ਸਰੂਪ ਹੈਂ, ਅਲੱਖ ਤੇ ਅਗੰਮ ਹੈਂ, ਇਹ ਸਾਰਾ ਖੇਲ ਤੂੰ (ਹੀ) ਆਪਣੇ ਚਾਉ ਨਾਲ ਰਚਿਆ ਹੈ।

59619	1403	ਅਕਥ ਕਥਾ ਕਥੀ ਨ ਜਾਇ ਤੀਨਿ ਲੋਕ ਰਹਿਆ ਸਮਾਇ ਸੁਤਹ ਸਿਧ ਰੂਪੁ ਧਰਿਓ ਸਾਹਨ ਕੈ ਸਾਹਿ ਜੀਉ॥	ਅ-ਕਥ: ਪੋਲਾ ਬੋਲੋ	Akathh Kathhaa Kathhee N Jaae Theen Lok Rehiaa Samaae Sutheh Sidhh Roop Dhhariou Saahan Kai Saahi Jeeo ||	No one can speak Your Unspoken Speech. You are pervading the three worlds. You assume the form of spiritual perfection, O King of kings.	(ਹੇ ਗੁਰੂ!) ਤੇਰੀ ਕਥਾ ਕਥਨ ਤੋਂ ਪਰੇ ਹੈ, ਕਹੀ ਨਹੀਂ ਜਾ ਸਕਦੀ, ਤੂੰ ਤਿੰਨਾਂ ਲੋਕਾਂ ਵਿਚ ਰਮ ਰਿਹਾ ਹੈਂ। ਹੇ ਸ਼ਾਹਾਂ ਦੇ ਸ਼ਾਹ! ਤੂੰ ਆਪਣੀ ਇੱਛਾ ਨਾਲ ਇਹ (ਮਨੁੱਖ)-ਰੂਪ ਧਾਰਿਆ ਹੈ।
59620	1403	ਸਤਿ ਸਾਚੁ ਸ੍ਰੀ ਨਿਵਾਸੁ ਆਦਿ ਪੁਰਖੁ ਸਦਾ ਤੁਹੀ ਵਾਹਿਗੁਰੂ ਵਾਹਿਗੁਰੂ ਵਾਹਿਗੁਰੂ ਵਾਹਿ ਜੀਉ॥੩॥੮॥		Sath Saach Sree Nivaas Aadh Purakh Sadhaa Thuhee Vaahiguroo Vaahiguroo Vaahiguroo Vaahi Jeeo ||3||8||	You are forever True, the Home of Excellence, the Primal Supreme Being. Waahay Guru, Waahay Guru, Waahay Guru, Waahay Jee-o. ||3||8||	ਹੇ ਗੁਰੂ! ਤੂੰ ਅਚਰਜ ਹੈਂ, ਸਤਿ-ਸਰੂਪ ਹੈਂ, ਅਟੱਲ ਹੈਂ, ਤੂੰ ਹੀ ਲਕਸ਼ਮੀ ਦਾ ਆਸਰਾ ਹੈਂ, ਆਦਿ ਪੁਰਖ ਹੈਂ ਤੇ ਸਦਾ-ਥਿਰ ਹੈਂ ॥੩॥੮॥
59621	1403	ਸਤਿਗੁਰੂ ਸਤਿਗੁਰੂ ਸਤਿਗੁਰੁ ਗੁਬਿੰਦ ਜੀਉ॥		Sathiguroo Sathiguroo Sathigur Gubindh Jeeo ||	The True Guru, the True Guru, the True Guru is the Lord of the Universe Himself.	ਸਤਿਗੁਰੂ ਗੋਬਿੰਦ-ਰੂਪ ਹੈ।

59622	1403	ਬਲਿਹਿ ਛਲਨ ਸਬਲ ਮਲਨ ਭਗ੍ਯਿ ਫਲਨ ਕਾਨ੍ ਕੁਅਰ ਨਿਹਕਲੰਕ ਬਜੀ ਡੰਕ ਚੜ੍ਹੂ ਦਲ ਰਵਿੰਦ ਜੀਉ॥	(ਨਿਹਕਲੰਕ) ਕਲੰਕ ਰਹਿਤ ਵਾਹਿਗੁਰੂ ਜੀ, ਗੱਜਦੇ ਵੱਜਦੇ। ਭਗ੍ਯਿ : ਅੱਧਾ ਤ ਪੋਲਾ ਬੋਲੋ । ਚੜ੍ਹੂ :ੜ ਭਾਰਾ ਬੋਲੋ ਦੁਲੈਂਕੜ ਲਾਉ	Balihi Shhalan Sabal Malan Bhagio Falan Kaanh Kuar Nihakalank Bajee Ddank Charrhoo Dhal Ravindh Jeeo ||	Enticer of Baliraja, who smothers the mighty, and fulfills the devotees; the Prince Krishna, and Kalki; the thunder of His army and the beat of His drum echoes across the Universe.	(ਮੇਰੇ ਵਾਸਤੇ ਤਾਂ) ਸਤਿਗੁਰੂ ਹੀ ਹੈ (ਉਹ) ਜਿਸ ਨੇ ਰਾਜਾ ਬਲੀ ਨੂੰ ਛਲਿਆ ਸੀ, ਆਪ ਅਹੰਕਾਰੀਆਂ ਦਾ ਮਾਨ ਤੋੜਨ ਵਾਲੇ ਹਨ, ਭਗਤੀ ਦਾ ਫਲ ਦੇਣ ਵਾਲੇ ਹਨ। (ਮੇਰੇ ਵਾਸਤੇ ਤਾਂ) ਗੁਰੂ ਹੀ ਕਾਨ੍ਹ ਕੁਮਾਰ ਹੈ। (ਆਪ ਵਿਚ) ਕੋਈ ਕਲੰਕ ਨਹੀਂ ਹੈ, ਆਪ ਦਾ ਡੰਕਾ ਵੱਜ ਰਿਹਾ ਹੈ, ਸੂਰਜ ਤੇ ਚੰਦ੍ਰਮਾ ਦਾ ਦਲ ਆਪ ਦੀ ਹੀ ਸੋਭਾ ਵਧਾਉਣ ਲਈ ਚੜ੍ਹਦਾ ਹੈ।
59623	1403	ਰਾਮ ਰਵਣ ਦੁਰਤ ਦਵਣ ਸਕਲ ਭਵਣ ਕੁਸਲ ਕਰਣ ਸਰਬ ਭੂਤ ਆਪਿ ਹੀ ਦੇਵਾਧਿ ਦੇਵ ਸਹਸ ਮੁਖ ਫਨਿੰਦ ਜੀਉ॥	(ਦੁਰਤ) ਪਾਪ। (ਦਵਣ) ਦਬਾਉਣ ਵਾਲੇ। (ਭੁਤ) ਸ੍ਰੀਰ। ਦੇਵਤਿਆਂ ਦੇ ਸੁਆਮੀ (ਦੇਵ) ਕਰਤਾਰ ਜੀ। ਸੱਪਾਂ ਦਾ ਰਾਜਾ (ਫ-ਨਿੰਦ) ਸੇਸਨਾਗ	Raam Ravan Dhurath Dhavan Sakal Bhavan Kusal Karan Sarab Bhooth Aap Hee Dhaevaadhh Dhaev Sehas Mukh Fanindh Jeeo ||	The Lord of contemplation, Destroyer of sin, who brings pleasure to the beings of all realms, He Himself is the God of gods, Divinity of the divine, the thousand-headed king cobra.	ਆਪ ਅਕਾਲ ਪੁਰਖ ਦਾ ਸਿਮਰਨ ਕਰਦੇ ਹਨ, ਪਾਪਾਂ ਦੇ ਦੂਰ ਕਰਨ ਵਾਲੇ ਹਨ, ਸਭ ਥਾਈਂ ਸੁਖ ਪੈਦਾ ਕਰਨ ਵਾਲੇ ਹਨ, ਸਾਰੇ ਜੀਆਂ ਵਿਚ ਆਪ ਹੀ ਹਨ, ਆਪ ਹੀ ਦੇਵਤਿਆਂ ਦੇ ਦੇਵਤਾ ਹਨ। ਅਤੇ (ਮੇਰੇ ਵਾਸਤੇ ਤਾਂ) ਹਜ਼ਾਰਾਂ ਮੂੰਹਾਂ ਵਾਲਾ ਸ਼ੇਸ਼ਨਾਗ ਭੀ ਆਪ ਹੀ ਹਨ।

59624	1403	ਜਰਮ ਕਰਮ ਮਛ ਕਛ ਹੁਅ ਬਰਾਹ ਜਮੁਨਾ ਕੈ ਕੂਲਿ ਖੇਲੁ ਖੇਲਿਓ ਜਿਨਿ ਗਿੰਦ ਜੀਉ॥	(ਹੁਅ) ਹੋ ਕੇ, (ਕੂਲਿ) ਕਿਨਾਰੇ, (ਗਿੰਦ) ਗੇਂਦ ਖੇਲੀ ਕ੍ਰਿਸ਼ਨ ਜੀ ਨੇ। ਖ਼੍ਹੇਲੁ	Jaram Karam Mashh Kashh Hua Baraah Jamunaa Kai Kool Khael Khaeliou Jin Gindh Jeeo ||	He took birth in the Incarnations of the Fish, Tortoise and Wild Boar, and played His part. He played games on the banks of the Jamunaa River.	(ਮੇਰੇ ਵਾਸਤੇ ਤਾਂ ਗੋਬਿੰਦ-ਰੂਪ ਸਤਿਗੁਰੂ ਹੀ ਹੈ ਉਹ) ਜਿਸ ਨੇ ਮੱਛ ਕੱਛ ਤੇ ਵਰਾਹ ਦੇ ਜਨਮ ਲੈ ਕੇ ਕਈ ਕੰਮ ਕੀਤੇ, ਜਿਸ ਨੇ ਜਮੁਨਾ ਦੇ ਕੰਢੇ ਉੱਤੇ ਗੇਂਦ ਦੀ ਖੇਡ ਖੇਡੀ ਸੀ।
59625	1403	ਨਾਮੁ ਸਾਰੁ ਹੀਏ ਧਾਰੁ ਤਜੁ ਬਿਕਾਰੁ ਮਨ ਗਯੰਦ ਸਤਿਗੁਰੂ ਸਤਿਗੁਰੂ ਸਤਿਗੁਰ ਗੁਬਿੰਦ ਜੀਉ॥੪॥੯॥	ਗ-ਯੰਦ: ਯ ਤਾਲੂ ਤੋਂ ਬੋਲੋ	Naam Saar Heeeae Dhhaar Thaj Bikaar Man Gayandh Sathiguroo Sathiguroo Sathigur Gubindh Jeeo ||4||9||	Enshrine this most excellent Name within your heart, and renounce the wickedness of the mind, O Gayand the True Guru, the True Guru, the True Guru is the Lord of the Universe Himself. ||4||9||	ਹੇ ਗਯੰਦ ਦੇ ਮਨ! (ਇਸ ਸਤਿਗੁਰੂ ਦਾ) ਸ੍ਰੇਸ਼ਟ ਨਾਮ ਹਿਰਦੇ ਵਿਚ ਧਾਰ ਤੇ ਵਿਕਾਰ ਛੱਡ ਦੇਹ; ਇਹ ਗੁਰੂ ਉਹੀ ਗੋਬਿੰਦ ਹੈ ॥੪॥੯॥
59626	1403	ਸਿਰੀ ਗੁਰੂ ਸਿਰੀ ਗੁਰੂ ਸਿਰੀ ਗੁਰੂ ਸਤਿ ਜੀਉ॥		Siree Guroo Siree Guroo Siree Guroo Sath Jeeo ||	The Supreme Guru, the Supreme Guru, the Supreme Guru, the True, Dear Lord.	ਸਤਿਗੁਰੂ ਹੀ ਸਦਾ-ਥਿਰ ਹੈ।

59627	1403	ਗੁਰ ਕਹਿਆ ਮਾਨੁ ਨਿਜ ਨਿਧਾਨੁ ਸਚੁ ਜਾਨੁ ਮੰਤ੍ਰੁ ਇਹੈ ਨਿਸਿ ਬਾਸੁਰ ਹੋਇ ਕਲ੍ਯਾਨੁ ਲਹਹਿ ਪਰਮਗਤਿ ਜੀਉ॥	ਕਲ੍ਯਾਨੁ: ਕਲਿਆਨੁ	Gur Kehiaa Maan Nij Nidhhaan Sach Jaan Manthra Eihai Nis Baasur Hoe Kalyaan Lehehi Param Gath Jeeo ||	Respect and obey the Guru's Word; this is your own personal treasure - know this mantra as true. Night and day, you shall be saved, and blessed with the supreme status.	(ਹੇ ਮਨ!) ਸਤਿਗੁਰੂ ਦਾ ਬਚਨ ਮੰਨ, ਇਹੀ ਨਾਲ ਨਿਭਣ ਵਾਲਾ ਖ਼ਜ਼ਾਨਾ ਹੈ; ਨਿਸ਼ਚਾ ਕਰ ਕੇ ਮੰਨ ਕਿ ਇਹੀ ਮੰਤ੍ਰ ਹੈ (ਜਿਸ ਨਾਲ ਤੈਨੂੰ) ਦਿਨ ਰਾਤ ਸੁਖ ਹੋਇਆ ਤੇ ਤੂੰ ਉੱਚੀ ਪਦਵੀ ਪਾ ਲਏਂਗਾ।
59628	1403	ਕਾਮੁ ਕ੍ਰੋਧੁ ਲੋਭੁ ਮੋਹੁ ਜਨ ਜਨ ਸਿਉ ਛਾਡੁ ਧੋਹੁ ਹਉਮੈ ਕਾ ਫੰਧੁ ਕਾਟੁ ਸਾਧਸੰਗਿ ਰਤਿ ਜੀਉ॥		Kaam Krodhh Lobh Mohu Jan Jan Sio Shhaadd Dhhohu Houmai Kaa Fandhh Kaatt Saadhhasang Rath Jeeo ||	Renounce sexual desire, anger, greed and attachment; give up your games of deception. Snap the noose of egotism, and let yourself be at home in the Saadh Sangat, the Company of the Holy.	ਕਾਮ, ਕ੍ਰੋਧ, ਲੋਭ, ਮੋਹ ਅਤੇ ਜਣੇ ਖਣੇ ਨਾਲ ਠੱਗੀ ਕਰਨੀ ਛੱਡ ਦੇਹ; ਹਉਮੈ ਦੀ ਫਾਹੀ (ਭੀ) ਦੂਰ ਕਰ ਤੇ ਸਾਧ ਸੰਗਤ ਵਿਚ ਪਿਆਰ ਪਾ।

59629	1403	ਦੇਹ ਗੇਹੁ ਤ੍ਰਿਅ ਸਨੇਹੁ ਚਿਤ ਬਿਲਾਸੁ ਜਗਤ ਏਹੁ ਚਰਨਕਮਲ ਸਦਾ ਸੇਉ ਦ੍ਰਿੜਤਾ ਕਰੁ ਮਤਿ ਜੀਉ॥		Dhaeh Gaehu Thria Sanaehu Chith Bilaas Jagath Eaehu Charan Kamal Sadhaa Saeo Dhrirrathaa Kar Math Jeeo ||	Free your consciousness of attachment to your body, your home, your spouse, and the pleasures of this world. Serve forever at His Lotus Feet, and firmly implant these teachings within.	ਇਹ ਸਰੀਰ, ਘਰ, ਇਸਤ੍ਰੀ ਦਾ ਪਿਆਰ, ਇਹ (ਸਾਰਾ) ਸੰਸਾਰ ਮਨ ਦੀ (ਹੀ) ਖੇਡ ਹੈ। (ਸਤਿਗੁਰੂ ਦੇ) ਚਰਨ ਕਮਲਾਂ ਦਾ ਸਿਮਰਨ ਕਰ, (ਆਪਣੀ) ਮੱਤ ਵਿਚ ਇਹੀ ਭਾਵ ਦ੍ਰਿੜ੍ਹ ਕਰ।
59630	1403	ਨਾਮੁ ਸਾਰੁ ਹੀਏ ਧਾਰੁ ਤਜੁ ਬਿਕਾਰੁ ਮਨ ਗਯੰਦ ਸਿਰੀ ਗੁਰੂ ਸਿਰੀ ਗੁਰੂ ਸਿਰੀ ਗੁਰੂ ਸਤਿ ਜੀਉ॥੫॥੧੦॥	ਗੁਰਮੁਖ ਭੱਟ ਗਯੰਦ। (ਗਯੰਦ) ਹਾਥੀ ਮਨ	Naam Saar Heeeae Dhhaar Thaj Bikaar Man Gayandh Siree Guroo Siree Guroo Siree Guroo Sath Jeeo ||5||10||	Enshrine this most excellent Name within your heart, and renounce the wickedness of the mind, O Gayand. the Supreme Guru, the Supreme Guru, the Supreme Guru, the True, Dear Lord. ||5||10||	ਹੇ ਗਯੰਦ ਦੇ ਮਨ! (ਸਤਿਗੁਰੂ ਦਾ) ਸ੍ਰੇਸ਼ਟ ਨਾਮ ਹਿਰਦੇ ਵਿਚ ਧਾਰ ਤੇ ਵਿਕਾਰ ਛੱਡ ਦੇਹ; ਸਤਿਗੁਰੂ (ਹੀ) ਸਦਾ-ਥਿਰ ਹੈ ॥੫॥੧੦॥
59631	1403	ਸੇਵਕ ਕੈ ਭਰਪੂਰ ਜੁਗੁ ਜੁਗੁ ਵਾਹਗੁਰੂ ਤੇਰਾ ਸਭੁ ਸਦਕਾ॥		Saevak Kai Bharapoor Jug Jug Vaahaguroo Thaeraa Sabh Sadhakaa ||	Your servants are totally fulfilled, throughout the ages; O Waahay Guru, it is all You, forever.	ਹੇ ਗੁਰੂ! ਤੂੰ ਧੰਨ ਹੈਂ! ਤੂੰ ਆਪਣੇ ਸੇਵਕਾਂ ਦੇ ਹਿਰਦੇ ਵਿਚ ਸਦਾ ਹਾਜ਼ਰ-ਨਾਜ਼ਰ ਹੈਂ, ਤੇਰੀ ਹੀ ਸਾਰੀ ਬਰਕਤਿ ਹੈ;

59632	1403	ਨਿਰੰਕਾਰੁ ਪ੍ਰਭੁ ਸਦਾ ਸਲਾਮਤਿ ਕਹਿ ਨ ਸਕੈ ਕੋਊ ਤੂ ਕਦ ਕਾ॥		Nirankaar Prabh Sadhaa Salaamath Kehi N Sakai Kooo Thoo Kadh Kaa ||	O Formless Lord God, You are eternally intact; no one can say how You came into being.	ਤੂੰ ਨਿਰੰਕਾਰ (-ਰੂਪ) ਹੈਂ, ਪ੍ਰਭੂ (-ਰੂਪ) ਹੈਂ, ਸਦਾ-ਥਿਰ ਹੈਂ। ਕੋਈ ਨਹੀਂ ਆਖ ਸਕਦਾ, ਤੂੰ ਕਦੋਂ ਦਾ ਹੈਂ।
59633	1403	ਬ੍ਰਹਮਾ ਬਿਸਨੁ ਸਿਰੇ ਤੈ ਅਗਨਤ ਤਿਨ ਕਉ ਮੋਹੁ ਭਯਾ ਮਨ ਮਦ ਕਾ॥	ਖਚਨਾ: ਪੋਲਾ ਬੋਲੋ। ਤੈਂ। ਅ-ਗਨਤ,ਭ-ਯਾ	Brehamaa Bisan Sirae Thai Aganath Thin Ko Mohu Bhayaa Man Madh Kaa ||	You created countless Brahmas and Vishnus; their minds were intoxicated with emotional attachment.	(ਹੇ ਗੁਰੂ!) ਤੂੰ ਹੀ ਅਗਿਣਤ ਬ੍ਰਹਮਾ ਤੇ ਵਿਸ਼ਨੂੰ ਪੈਦਾ ਕੀਤੇ ਹਨ, ਅਤੇ ਉਹਨਾਂ ਨੂੰ ਆਪਣੇ ਮਨ ਦੇ ਅਹੰਕਾਰ ਦਾ ਮੋਹ ਹੋ ਗਿਆ।
59634	1403	ਚਵਰਾਸੀਹ ਲਖ ਜੋਨਿ ਉਪਾਈ ਰਿਜਕੁ ਦੀਆ ਸਭਹੂ ਕਉ ਤਦ ਕਾ॥		Chavaraaseeh Lakh Jon Oupaaee Rijak Dheeaa Sabh Hoo Ko Thadh Kaa ||	You created the 8.4 million species of beings, and provide for their sustanance.	(ਹੇ ਗੁਰੂ! ਤੂੰ ਹੀ) ਚੌਰਾਸੀ ਲੱਖ ਜੂਨ ਪੈਦਾ ਕੀਤੀ ਹੈ, ਅਤੇ ਸਾਰਿਆਂ ਨੂੰ ਤਦੋਂ ਤੋਂ ਹੀ ਰਿਜ਼ਕ ਦੇ ਰਿਹਾ ਹੈਂ।
59635	1403	ਸੇਵਕ ਕੈ ਭਰਪੂਰ ਜੁਗੁ ਜੁਗੁ ਵਾਹਗੁਰੂ ਤੇਰਾ ਸਭੁ ਸਦਕਾ॥੧॥੧੧॥	ਸੇਵਕ ਜੀ ਨੂੰ ਆਪ ਜੀ ਦਾ ਸਭ ਸਦਕਾ ਦਾਨ ਬਖ਼ਸ਼ਿਆ ਹੈ ਅਥਵਾ (ਸਦਕਾ) ਭਰੋਸਾ ਹੈ। ਜੁੱਗੁ ਜੁੱਗੁ	Saevak Kai Bharapoor Jug Jug Vaahaguroo Thaeraa Sabh Sadhakaa ||1||11||	Your servants are totally fulfilled, throughout the ages; O Waahay Guru, it is all You, forever. ||1||11||	ਹੇ ਗੁਰੂ! ਤੂੰ ਧੰਨ ਹੈਂ! ਤੂੰ ਆਪਣੇ ਸੇਵਕਾਂ ਦੇ ਹਿਰਦੇ ਵਿਚ ਸਦਾ ਹਾਜ਼ਰ-ਨਾਜ਼ਰ ਹੈਂ, ਤੇਰੀ ਹੀ ਸਾਰੀ ਬਰਕਤਿ ਹੈ ॥੧॥੧੧॥

59636	1403	ਵਾਹੁ ਵਾਹੁ ਕਾ ਬਡਾ ਤਮਾਸਾ॥		Vaahu Vaahu Kaa Baddaa Thamaasaa ||	Waaho! Waaho! Great! Great is the Play of God!	ਬਰਕਤਿ ਵਾਲੇ ਗੁਰੂ (ਰਾਮਦਾਸ) ਦਾ (ਸੰਸਾਰ-ਰੂਪ ਇਹ) ਵੱਡਾ ਖੇਲ ਹੋ ਰਿਹਾ ਹੈ,
59637	1403	ਆਪੇ ਹਸੈ ਆਪਿ ਹੀ ਚਿਤਵੈ ਆਪੇ ਚੰਦੁ ਸੂਰੁ ਪਰਗਾਸਾ॥	ਹੱਸੈ	Aapae Hasai Aap Hee Chithavai Aapae Chandh Soor Paragaasaa ||	He Himself laughs, and He Himself thinks; He Himself illumines the sun and the moon.	(ਸਰਬ-ਵਿਆਪਕ ਪ੍ਰਭੂ ਦਾ ਰੂਪ ਗੁਰੂ) ਆਪ ਹੀ ਹੱਸ ਰਿਹਾ ਹੈ, ਆਪ ਹੀ ਵਿਚਾਰ ਰਿਹਾ ਹੈ, ਆਪ ਹੀ ਚੰਦ ਤੇ ਸੂਰਜ ਨੂੰ ਚਾਨਣ ਦੇ ਰਿਹਾ ਹੈ।
59638	1403	ਆਪੇ ਜਲੁ ਆਪੇ ਥਲੁ ਥੰਮ੍ਹਨੁ ਆਪੇ ਕੀਆ ਘਟਿ ਘਟਿ ਬਾਸਾ॥	ਬੱਾਸਾ	Aapae Jal Aapae Thhal Thhanmhan Aapae Keeaa Ghatt Ghatt Baasaa ||	He Himself is the water, He Himself is the earth and its support. He Himself abides in each and every heart.	(ਉਹ ਗੁਰੂ) ਆਪ ਹੀ ਜਲ ਹੈ, ਆਪ ਹੀ ਧਰਤੀ ਹੈ, ਆਪ ਹੀ ਆਸਰਾ ਹੈ ਤੇ ਉਸ ਨੇ ਆਪ ਹੀ ਹਰੇਕ ਸਰੀਰ ਵਿਚ ਨਿਵਾਸ ਕੀਤਾ ਹੋਇਆ ਹੈ।
59639	1403	ਆਪੇ ਨਰੁ ਆਪੇ ਫੁਨਿ ਨਾਰੀ ਆਪੇ ਸਾਰਿ ਆਪ ਹੀ ਪਾਸਾ॥	ਪਾਸਾ: ਪੋਲਾ ਬੋਲੋ	Aapae Nar Aapae Fun Naaree Aapae Saar Aap Hee Paasaa ||	He Himself is male, and He Himself is female; He Himself is the chessman, and He Himself is the board.	(ਸਰਬ-ਵਿਆਪਕ ਪ੍ਰਭੂ ਦਾ ਰੂਪ ਗੁਰੂ ਰਾਮਦਾਸ) ਆਪ ਹੀ ਮਨੁੱਖ ਹੈ ਅਤੇ ਆਪ ਹੀ ਇਸਤ੍ਰੀ ਹੈ; ਆਪ ਹੀ ਨਰਦ ਹੈ ਤੇ ਆਪ ਹੀ ਚੌਪੜ ਹੈ।
59640	1403	ਗੁਰਮੁਖਿ ਸੰਗਤਿ ਸਭੈ ਬਿਚਾਰਹੁ ਵਾਹੁ ਵਾਹੁ ਕਾ ਬਡਾ ਤਮਾਸਾ॥੨॥੧੨॥		Guramukh Sangath Sabhai Bichaarahu Vaahu Vaahu Kaa Baddaa Thamaasaa ||2||12||	As Gurmukh, join the Sangat, and consider all this: Waaho! Waaho! Great! Great is the Play of God! ||2||12||	ਹੇ ਗੁਰਮੁਖੋ! ਸੰਗਤ ਵਿਚ ਰਲ ਕੇ ਸਾਰੇ ਵਿਚਾਰ ਕਰੋ, ਬਰਕਤਿ ਵਾਲੇ ਗੁਰੂ (ਰਾਮਦਾਸ ਜੀ) ਦਾ (ਸੰਸਾਰ-ਰੂਪ) ਇਹ ਖੇਡ ਹੋ ਰਿਹਾ ਹੈ ॥੨॥੧੨॥

59641	1403	ਕੀਆ ਖੇਲੁ ਬਡ ਮੇਲੁ ਤਮਾਸਾ ਵਾਹਿਗੁਰੂ ਤੇਰੀ ਸਭ ਰਚਨਾ॥		Keeaa Khael Badd Mael Thamaasaa Vaahiguroo Thaeree Sabh Rachanaa ||	You have formed and created this play, this great game. O Waahay Guru, this is all You, forever.	ਹੇ ਗੁਰੂ! ਤੂੰ ਧੰਨ ਹੈਂ; ਇਹ ਸ੍ਰਿਸ਼ਟੀ ਸਭ ਤੇਰੀ (ਕੀਤੀ ਹੋਈ) ਹੈ; ਤੂੰ (ਤੱਤਾਂ ਦਾ) ਮੇਲ (ਕਰ ਕੇ) ਇਕ ਖੇਲ ਤੇ ਤਮਾਸ਼ਾ ਰਚਾ ਦਿੱਤਾ ਹੈ।
59642	1403	ਤੂ ਜਲਿ ਥਲਿ ਗਗਨਿ ਪਯਾਲਿ ਪੂਰਿ ਰਹ੍ਯਾ ਅੰਮ੍ਰਿਤ ਤੇ ਮੀਠੇ ਜਾ ਕੇ ਬਚਨਾ॥	ਪ-ਯਾਲਿ:ਯ ਤਾਲੂ ਤੋਂ ਬੋਲੋ। ਰਹਿਆ	Thoo Jal Thhal Gagan Payaal Poor Rehyaa Anmrith Thae Meethae Jaa Kae Bachanaa ||	You are pervading and permeating the water, land, skies and nether regions; Your Words are sweeter than Ambrosial Nectar.	ਤੂੰ ਜਲ ਵਿਚ, ਪ੍ਰਿਥਵੀ ਤੇ, ਅਕਾਸ਼ ਉਤੇ, ਪਾਤਾਲ ਵਿਚ, (ਸਭ ਥਾਈਂ) ਵਿਆਪਕ ਹੈਂ; ਤੇਰੇ ਬਚਨ ਅੰਮ੍ਰਿਤ ਨਾਲੋਂ ਭੀ ਮਿੱਠੇ ਹਨ।
59643	1403	ਮਾਨਹਿ ਬ੍ਰਹਮਾਦਿਕ ਰੁਦ੍ਰਾਦਿਕ ਕਾਲ ਕਾ ਕਾਲੁ ਨਿਰੰਜਨ ਜਚਨਾ॥	ਜਚਨਾ: ਪੋਲਾ ਬੋਲੋ	Maanehi Brehamaadhik Rudhraadhik Kaal Kaa Kaal Niranjan Jachanaa ||	Brahmas and Shivas respect and obey You. O Death of death, Formless Lord, I beg of You.	ਹੇ ਗੁਰੂ! ਬ੍ਰਹਮਾ ਤੇ ਰੁਦ੍ਰ (ਸ਼ਿਵ) ਆਦਿਕ (ਤੈਨੂੰ) ਸੇਉਂਦੇ ਹਨ, ਤੂੰ ਕਾਲ ਦਾ ਭੀ ਕਾਲ ਹੈਂ, (ਤੂੰ) ਮਾਇਆ ਤੋਂ ਰਹਤ (ਹਰੀ) ਹੈਂ, (ਸਭ ਲੋਕ ਤੈਥੋਂ) ਮੰਗਦੇ ਹਨ।
59644	1404	ਗੁਰ ਪ੍ਰਸਾਦਿ ਪਾਈਐ ਪਰਮਾਰਥੁ ਸਤਸੰਗਤਿ ਸੇਤੀ ਮਨੁ ਖਚਨਾ॥		Gur Prasaadh Paaeeai Paramaarathh Sathasangath Saethee Man Khachanaa ||	By Guru's Grace, the greatest thing is obtained, and the mind is involved with the Sat Sangat, the True Congregation.	ਹੇ ਗੁਰੂ! ਤੇਰੀ ਹੀ ਕ੍ਰਿਪਾ ਨਾਲ ਉੱਚੀ ਪਦਵੀ ਮਿਲਦੀ ਹੈ, ਅਤੇ ਸਤਸੰਗ ਵਿਚ ਮਨ ਜੁੜ ਜਾਂਦਾ ਹੈ।

59645	1404	ਕੀਆ ਖੇਲੁ ਬਡ ਮੇਲੁ ਤਮਾਸਾ ਵਾਹਗੁਰੂ ਤੇਰੀ ਸਭ ਰਚਨਾ॥੩॥੧੩॥੪੨॥		Keeaa Khael Badd Mael Thamaasaa Vaahaguroo Thaeree Sabh Rachanaa ||3||13||42||	You have formed and created this play, this great game. O Waahay Guru, this is all Your making. ||3||13||42||	ਹੇ ਗੁਰੂ! ਤੂੰ ਧੰਨ ਹੈਂ, ਇਹ ਰਚਨਾ ਤੇਰੀ ਹੀ ਹੈ; (ਤੱਤਾਂ ਦਾ) ਮੇਲ (ਕਰ ਕੇ) ਤੂੰ ਇਹ ਤਮਾਸ਼ਾ ਤੇ ਖੇਲ ਰਚਾ ਦਿੱਤਾ ਹੈ ॥੩॥੧੩॥੪੨॥
59646	1404	ਅਗਮੁ ਅਨੰਤੁ ਅਨਾਦਿ ਆਦਿ ਜਿਸੁ ਕੋਇ ਨ ਜਾਣੈ॥		Agam Ananth Anaadh Aadh Jis Koe N Jaanai ||	The Lord is Inaccessible, Infinite, Eternal and Primordial; no one knows His beginning.	ਜੋ ਅਕਾਲ ਪੁਰਖ ਅਪਹੁੰਚ ਹੈ, ਅਨੰਤ ਹੈ, ਅਨਾਦਿ ਹੈ, ਜਿਸ ਦਾ ਮੁੱਢ ਕੋਈ ਨਹੀਂ ਜਾਣਦਾ,
59647	1404	ਸਿਵ ਬਿਰੰਚਿ ਧਰਿ ਧ੍ਯਾਨੁ ਨਿਤਹਿ ਜਿਸੁ ਬੇਦੁ ਬਖਾਣੈ॥	ਧ੍ਯਾਨੁ: ਧਿਆਨੁ	Siv Biranch Dhhar Dhhyaan Nithehi Jis Baedh Bakhaanai ||	Shiva and Brahma meditate on Him; the Vedas describe Him again and again.	ਜਿਸ ਦਾ ਧਿਆਨ ਸਦਾ ਸ਼ਿਵ ਤੇ ਬ੍ਰਹਮਾ ਧਰ ਰਹੇ ਹਨ ਤੇ ਜਿਸ ਦੇ (ਗੁਣਾਂ) ਨੂੰ ਵੇਦ ਵਰਣਨ ਕਰ ਰਿਹਾ ਹੈ।
59648	1404	ਨਿਰੰਕਾਰੁ ਨਿਰਵੈਰੁ ਅਵਰੁ ਨਹੀ ਦੂਸਰ ਕੋਈ॥		Nirankaar Niravair Avar Nehee Dhoosar Koee ||	The Lord is Formless, beyond hate and vengeance; there is no one else like Him.	ਉਹ ਅਕਾਲ ਪੁਰਖ ਅਕਾਰ-ਰਹਿਤ ਹੈ, ਵੈਰ-ਰਹਿਤ ਹੈ, ਕੋਈ ਹੋਰ ਉਸ ਦੇ ਸਮਾਨ ਨਹੀਂ ਹੈ,

59649	1404	ਭੰਜਨ ਗੜ੍ਹਣ ਸਮਥੁ ਤਰਣ ਤਾਰਣ ਪ੍ਰਭੁ ਸੋਈ॥	ਸ-ਮੱਥੁ	Bhanjan Garrhan Samathh Tharan Thaaran Prabh Soee ||	He creates and destroys - He is All-powerful; God is the Boat to carry all across.	ਉਹ ਜੀਵਾਂ ਨੂੰ ਪੈਦਾ ਕਰਨ ਤੇ ਮਾਰਨ ਦੀ ਤਾਕਤ ਰੱਖਣ ਵਾਲਾ ਹੈ, ਉਹ ਪ੍ਰਭੂ (ਜੀਵਾਂ ਨੂੰ ਸੰਸਾਰ-ਸਾਗਰ ਤੋਂ) ਤਾਰਣ ਲਈ ਜਹਾਜ਼ ਹੈ।
59650	1404	ਨਾਨਾ ਪ੍ਰਕਾਰ ਜਿਨਿ ਜਗੁ ਕੀਓ ਜਨੁ ਮਥੁਰਾ ਰਸਨਾ ਰਸੈ॥	ਨ੍ਾਨ੍ਾ।ਜੱਗੁ	Naanaa Prakaar Jin Jag Keeou Jan Mathhuraa Rasanaa Rasai ||	He created the world in its various aspects; His humble servant Mat'huraa delights in His Praises.	ਜਿਸ ਅਕਾਲ ਪੁਰਖ ਨੇ ਕਈ ਤਰ੍ਹਾਂ ਦਾ ਜਗਤ ਰਚਿਆ ਹੈ, ਉਸ ਨੂੰ ਦਾਸ ਮਥੁਰਾ ਜੀਭ ਨਾਲ ਜਪਦਾ ਹੈ।
59651	1404	ਸ੍ਰੀ ਸਤਿਨਾਮੁ ਕਰਤਾ ਪੁਰਖੁ ਗੁਰ ਰਾਮਦਾਸ ਚਿਤਹ ਬਸੈ॥੧॥		Sree Sath Naam Karathaa Purakh Gur Raamadhaas Chitheh Basai ||1||	Sat Naam, the Great and Supreme True Name of God, the Personification of Creativity, dwells in the Consciousness of Guru Raam Daas. ||1||	ਉਹੀ ਸਤਿਨਾਮੁ ਕਰਤਾ ਪੁਰਖ ਗੁਰੂ ਰਾਮਦਾਸ ਜੀ ਦੇ ਹਿਰਦੇ ਵਿਚ ਵੱਸਦਾ ਹੈ ॥੧॥
59652	1404	ਗੁਰੂ ਸਮਰਥੁ ਗਹਿ ਕਰੀਆ ਧ੍ਰੁਵ ਬੁਧਿ ਸੁਮਤਿ ਸਮਾਰਨ ਕਉ॥	ਬੁੱਧੀ ਧ੍ਰੁਵ ਅਚੱਲ (ਕਰੀਆ) ਕੀਤੀ ਸਮਰੱਥੁ।ਸੁ-ਮੱਤਿ। ਸਮ੍ਾਰਨ: ਮ ਹਲੰਤ ਲਾਉ	Guroo Samarathh Gehi Kareeaa Dhhraav Budhh Sumath Samhaaran Ko ||	I have grasped hold of the All-powerful Guru; He has made my mind steady and stable, and embellished me with clear consciousness.	ਅਡੋਲ ਬੁੱਧ ਤੇ ਉੱਚੀ ਮੱਤ ਪ੍ਰਾਪਤ ਕਰਨ ਲਈ ਮੈਂ ਉਸ (ਗੁਰੂ) ਦੀ ਸਰਨ ਲਈ ਹੈ,

59653	1404	ਫੁਨਿ ਧ੍ਰੰਮ ਧੁਜਾ ਫਹਰੰਤਿ ਸਦਾ ਅਘ ਪੁੰਜ ਤਰੰਗ ਨਿਵਾਰਨ ਕਉ॥		Fun Dhhranm Dhhujaa Feharanth Sadhaa Agh Punj Tharang Nivaaran Ko ||	And, His Banner of Righteousness waves proudly forever, to defend against the waves of sin.	ਜਿਸ ਸਮਰੱਥ ਗੁਰੂ ਦਾ ਧਰਮ ਦਾ ਝੰਡਾ ਸਦਾ ਝੁੱਲ ਰਿਹਾ ਹੈ। ਪਾਪਾਂ ਦੇ ਪੁੰਜ ਤੇ ਤਰੰਗ (ਆਪਣੇ ਅੰਦਰੋਂ) ਦੂਰ ਕਰਨ ਲਈ (ਮੈਂ ਗੁਰੂ ਦੀ ਸ਼ਰਨ ਲਈ ਹੈ)।
59654	1404	ਮਥੁਰਾ ਜਨ ਜਾਨਿ ਕਹੀ ਜੀਅ ਸਾਚੁ ਸੁ ਅਉਰ ਕਛੂ ਨ ਬਿਚਾਰਨ ਕਉ॥		Mathhuraa Jan Jaan Kehee Jeea Saach S Aour Kashhoo N Bichaaran Ko ||	His humble servant Mat'hraa knows this as true, and speaks it from his soul; there is nothing else to consider.	ਦਾਸ ਮਥੁਰਾ ਨੇ ਹਿਰਦੇ ਵਿਚ ਸੋਚ-ਸਮਝ ਕੇ ਇਹ ਸੱਚ ਆਖਿਆ ਹੈ, ਇਸ ਤੋਂ ਬਿਨਾ ਕੋਈ ਹੋਰ ਵਿਚਾਰਨ-ਜੋਗ ਗੱਲ ਨਹੀਂ ਹੈ,
59655	1404	ਹਰਿ ਨਾਮੁ ਬੋਹਿਥੁ ਬਡੌ ਕਲਿ ਮੈ ਭਵ ਸਾਗਰ ਪਾਰਿ ਉਤਾਰਨ ਕਉ॥੨॥		Har Naam Bohithh Badda Kal Mai Bhav Saagar Paar Outhaaran Ko ||2||	In this Dark Age of Kali Yuga, the Lord's Name is the Great Ship, to carry us all across the terrifying world-ocean, safely to the other side. ||2||	ਕਿ ਸੰਸਾਰ-ਸਾਗਰ ਤੋਂ ਪਾਰ ਉਤਾਰਨ ਲਈ ਹਰੀ ਦਾ ਨਾਮ ਹੀ ਕਲਜੁਗ ਵਿਚ ਵੱਡਾ ਜਹਾਜ਼ ਹੈ (ਅਤੇ ਉਹ ਨਾਮ ਸਮਰੱਥ ਗੁਰੂ ਤੋਂ ਮਿਲਦਾ ਹੈ) ॥੨॥
59656	1404	ਸੰਤਤ ਹੀ ਸਤਸੰਗਤਿ ਸੰਗ ਸੁਰੰਗ ਰਤੇ ਜਸੁ ਗਾਵਤ ਹੈ॥	(ਸੰਤਤ) ਨਿਰੰਤਰ ਇੱਕ ਰਸ। ਰੱਤੇ। ਗਾਵਤ ਹੈਂ	Santhath Hee Sathasangath Sang Surang Rathae Jas Gaavath Hai ||	The Saints dwell in the Saadh Sangat, the Company of the Holy; imbued with pure celestial love, they sing the Lord's Praises.	(ਜਿਨ੍ਹਾਂ ਮਨੁੱਖਾਂ ਨੇ ਇਸ ਵਿਚ) ਬ੍ਰਿਤੀ ਜੋੜੀ ਹੈ ਅਤੇ (ਜੋ) ਸਦਾ ਇੱਕ ਰਸ ਸਤਸੰਗ ਵਿਚ (ਜੁੜ ਕੇ) ਸੋਹਣੇ ਰੰਗ ਵਿਚ ਰੰਗੀਜ ਕੇ ਹਰੀ ਦਾ ਜਸ ਗਾਉਂਦੇ ਹਨ,

59657	1404	ਧ੍ਰਮ ਪੰਥੁ ਧਰਿਓ ਧਰਨੀਧਰ ਆਪਿ ਰਹੇ ਲਿਵ ਧਾਰਿ ਨ ਧਾਵਤ ਹੈ॥	(ਧਰਨੀ-ਧਰ) ਧਰਤੀ ਦਾ ਆਸਰਾ ਵਾਹਿਗੁਰੂ ਜੀ,ਧਾਵਤ ਹੈਂ	Dhhram Panthh Dhhariou Dhharaneedhhar Aap Rehae Liv Dhhaar N Dhhaavath Hai ||	The Support of the Earth has established this Path of Dharma; He Himself remains lovingly attuned to the Lord, and does not wander in distraction.	(ਉਹ ਕਿਸੇ ਹੋਰ ਪਾਸੇ) ਭਟਕਦੇ ਨਹੀਂ ਫਿਰਦੇ। (ਇਹ ਸਤਿਗੁਰੂ ਵਾਲਾ) ਧਰਮ ਦਾ ਰਾਹ ਧਰਤੀ-ਦੇ-ਆਸਰੇ ਹਰੀ ਨੇ ਆਪ ਚਲਾਇਆ ਹੈ।
59658	1404	ਮਥੁਰਾ ਭਨਿ ਭਾਗ ਭਲੇ ਉਨ੍ਹ ਕੇ ਮਨ ਇਛਤ ਹੀ ਫਲ ਪਾਵਤ ਹੈ॥	ਗੁਰਮੁਖਿ ਭੱਟ ਮਥੁਰਾ ਜੀ। ਹੈਂ	Mathhuraa Bhan Bhaag Bhalae Ounh Kae Man Eishhath Hee Fal Paavath Hai ||	So speaks Mat'huraa: those blessed with good fortune receive the fruits of their minds' desires.	ਹੇ ਮਥੁਰਾ! ਜੋ ਮਨੁੱਖ ਗੁਰੂ (ਰਾਮਦਾਸ ਜੀ) ਦੇ ਚਰਨਾਂ ਵਿਚ ਮਨ ਜੋੜਦੇ ਹਨ, ਉਹਨਾਂ ਦੇ ਭਾਗ ਚੰਗੇ ਹਨ, ਉਹ ਮਨ-ਭਾਉਂਦੇ ਫਲ ਪਾਂਦੇ ਹਨ।
59659	1404	ਰਵਿ ਕੇ ਸੁਤ ਕੋ ਤਿਨ੍ਹ ਤ੍ਰਾਸੁ ਕਹਾ ਜੁ ਚਰੰਨ ਗੁਰੂ ਚਿਤੁ ਲਾਵਤ ਹੈ॥੩॥	ਚ-ਰੰਨ। ਹੈਂ	Rav Kae Suth Ko Thinh Thraas Kehaa J Charann Guroo Chith Laavath Hai ||3||	Those who focus their consciousness on the Guru's Feet, they do not fear the judgement of Dharamraj. ||3||	ਉਹਨਾਂ ਨੂੰ ਧਰਮ ਰਾਜ ਦਾ ਡਰ ਕਿਥੇ ਰਹਿੰਦਾ ਹੈ? (ਬਿਲਕੁਲ ਨਹੀਂ ਰਹਿੰਦਾ) ॥੩॥
59660	1404	ਨਿਰਮਲ ਨਾਮੁ ਸੁਧਾ ਪਰ ਪੂਰਨ ਸਬਦ ਤਰੰਗ ਪ੍ਰਗਟਿਤ ਦਿਨ ਆਗਰੁ॥	ਦਿਨ ਚੜ੍ਹਨ ਤੋਂ ਆਗਰੁ ਪਹਿਲਾਂ ਹੀ ਕੀਰਤਨ ਦੀ ਲਹਿਰ ਉੱਠਦੀ ਹੈ। ਪ੍ਰੱਗ-ਟਿੱਤ।ਆੱਗਰੁ	Niramal Naam Sudhhaa Parapooran Sabadh Tharang Pragattith Dhin Aagar ||	The Immaculate, Sacred Pool of the Guru is overflowing with the waves of the Shabad, radiantly revealed in the early hours before the dawn.	(ਗੁਰੂ ਰਾਮਦਾਸ ਇਕ ਐਸਾ ਸਰੋਵਰ ਹੈ ਜਿਸ ਵਿਚ ਪਰਮਾਤਮਾ ਦਾ) ਪਵਿੱਤਰ ਨਾਮ-ਅੰਮ੍ਰਿਤ ਭਰਿਆ ਹੋਇਆ ਹੈ (ਉਸ ਵਿਚ) ਅੰਮ੍ਰਿਤ ਵੇਲੇ ਸ਼ਬਦ ਦੀਆਂ ਲਹਿਰਾਂ ਉੱਠਦੀਆਂ ਹਨ,

59661	1404	ਗਹਿਰ ਗੰਭੀਰੁ ਅਥਾਹ ਅਤਿ ਬਡ ਸੁਭਰੁ ਸਦਾ ਸਭ ਬਿਧਿ ਰਤਨਾਗਰੁ॥	ਬਿਧਿ: ਪੋਲਾ ਬੋਲੋ। ਸੁੱਭਰੁ, ਰਤਨੱਾਗਰੁ	Gehir Ganbheer Athhaah Ath Badd Subhar Sadhaa Sabh Bidhh Rathanaagar ||	He is Deep and Profound, Unfathomable and utterly Great, eternally overflowing with all sorts of jewels.	(ਇਹ ਸਰੋਵਰ) ਬੜਾ ਡੂੰਘਾ ਗੰਭੀਰ ਤੇ ਅਥਾਹ ਹੈ, ਸਦਾ ਨਕਾ-ਨਕ ਭਰਿਆ ਰਹਿੰਦਾ ਹੈ ਤੇ ਸਭ ਤਰ੍ਹਾਂ ਦੇ ਰਤਨਾਂ ਦਾ ਖ਼ਜ਼ਾਨਾ ਹੈ।
59662	1404	ਸੰਤ ਮਰਾਲ ਕਰਹਿ ਕੰਤੂਹਲ ਤਿਨ ਜਮ ਤ੍ਰਾਸ ਮਿਟਿਓ ਦੁਖ ਕਾਗਰੁ॥	(ਮਰਾਲ) ਹੰਸ। (ਕੰਤੂਹਲ) ਉਤਸ਼ਾਹ	Santh Maraal Karehi Kanthoohal Thin Jam Thraas Mittiou Dhukh Kaagar ||	The Saint-swans celebrate; their fear of death is erased, along with the accounts of their pain.	(ਉਸ ਸਰੋਵਰ ਵਿਚ) ਸੰਤ-ਹੰਸ ਕਲੋਲ ਕਰਦੇ ਹਨ, ਉਹਨਾਂ ਦਾ ਜਮਾਂ ਦਾ ਡਰ ਤੇ ਦੁੱਖਾਂ ਦਾ ਲੇਖਾ ਮਿਟ ਗਿਆ ਹੁੰਦਾ ਹੈ।
59663	1404	ਕਲਜੁਗ ਦੁਰਤ ਦੂਰਿ ਕਰਬੇ ਕਉ ਦਰਸਨੁ ਗੁਰੂ ਸਗਲ ਸੁਖਸਾਗਰੁ॥੪॥		Kalajug Dhurath Dhoor Karabae Ko Dharasan Guroo Sagal Sukh Saagar ||4||	In this Dark Age of Kali Yuga, the sins are taken away; the Blessed Vision of the Guru's Darshan is the Ocean of all peace and comfort. ||4||	ਕਲਜੁਗ ਦੇ ਪਾਪ ਦੂਰ ਕਰਨ ਲਈ ਸਤਿਗੁਰੂ ਦਾ ਦਰਸ਼ਨ ਸਾਰੇ ਸੁਖਾਂ ਦਾ ਸਮੁੰਦਰ ਹੈ ॥੪॥

59664	1404	ਜਾ ਕਉ ਮੁਨਿ ਧ੍ਯਾਨੁ ਧਰੈ ਫਿਰਤ ਸਗਲ ਜੁਗ ਕਬਹੁਕ ਕੋਊ ਪਾਵੈ ਆਤਮ ਪ੍ਰਗਾਸ ਕਉ॥	ਧ੍ਯਾਨੁ: ਧਿਆਨੁ। ਜੁੱਗ। ਕਬਹੁ-ਕ	Jaa Ko Mun Dhhyaan Dhharai Firath Sagal Jug Kabahu K Kooo Paavai Aatham Pragaas Ko ||	For His Sake, the silent sages meditated and focused their consciousness, wandering all the ages through; rarely, if ever, their souls were enlightened.	ਸਾਰੇ ਜੁਗਾਂ ਵਿਚ ਭੌਂਦਾ ਹੋਇਆ ਕੋਈ ਮੁਨੀ ਜਿਸ (ਹਰੀ) ਦੀ ਖ਼ਾਤਰ ਧਿਆਨ ਧਰਦਾ ਹੈ, ਅਤੇ ਕਦੇ ਹੀ ਉਸ ਨੂੰ ਅੰਦਰ ਦਾ ਚਾਨਣਾ ਲੱਭਦਾ ਹੈ,
59665	1404	ਬੇਦ ਬਾਣੀ ਸਹਿਤ ਬਿਰੰਚਿ ਜਸੁ ਗਾਵੈ ਜਾ ਕੋ ਸਿਵ ਮੁਨਿ ਗਹਿ ਨ ਤਜਾਤ ਕਬਿਲਾਸ ਕੰਉ॥	(ਤਜਾਤ) ਤਿਆਗਦੇ ਨਹੀਂ। (ਕਬਿਲਾਸ) ਕੈਲਾਸ਼ ਪਰਬਤ, ਭਾਵ ਲਗਾਤਾਰ ਮਹੱਲੇ ੪ ਜੀ ਦਾ ਧਿਆਨ ਧਾਰਦੇ ਹਨ	Baedh Baanee Sehith Biranch Jas Gaavai Jaa Ko Siv Mun Gehi N Thajaath Kabilaas Kano ||	In the Hymns of the Vedas, Brahma sang His Praises; for His Sake, Shiva the silent sage held his place on the Kailaash Mountain.	ਜਿਸ ਹਰੀ ਦਾ ਜਸ ਬ੍ਰਹਮਾ ਵੇਦਾਂ ਦੀ ਬਾਣੀ ਸਮੇਤ ਗਾਉਂਦਾ ਹੈ, ਅਤੇ ਜਿਸ ਵਿਚ ਸਮਾਧੀ ਲਾ ਕੇ ਸ਼ਿਵ ਕੈਲਾਸ਼ ਪਰਬਤ ਨਹੀਂ ਛੱਡਦਾ;
59666	1404	ਜਾ ਕੌ ਜੋਗੀ ਜਤੀ ਸਿਧ ਸਾਧਿਕ ਅਨੇਕ ਤਪ ਜਟਾ ਜੂਟ ਭੇਖ ਕੀਏ ਫਿਰਤ ਉਦਾਸ ਕਉ॥		Jaa Ka Jogee Jathee Sidhh Saadhhik Anaek Thap Jattaa Joott Bhaekh Keeeae Firath Oudhaas Ko ||	For His Sake, the Yogis, celibates, Siddhas and seekers, the countless sects of fanatics with matted hair wear religious robes, wandering as detached renunciates.	ਜਿਸ (ਦਾ ਦਰਸਨ ਕਰਨ) ਦੀ ਖ਼ਾਤਰ ਅਨੇਕਾਂ ਜੋਗੀ, ਜਤੀ, ਸਿੱਧ ਤੇ ਸਾਧਿਕ ਤਪ ਕਰਦੇ ਹਨ ਅਤੇ ਜਟਾ-ਜੂਟ ਰਹਿ ਕੇ ਉਦਾਸ-ਭੇਖ ਧਾਰ ਕੇ ਫਿਰਦੇ ਹਨ,

59667	1404	ਸੁ ਤਿਨਿ ਸਤਿਗੁਰਿ ਸੁਖ ਭਾਇ ਕ੍ਰਿਪਾ ਧਾਰੀ ਜੀਅ ਨਾਮ ਕੀ ਬਡਾਈ ਦਈ ਗੁਰ ਰਾਮਦਾਸ ਕਉ॥੫॥	ਅਨਹਦ ਝੁਨਕਾਰ ਸ੍ਰਬ ਵਿਆਪੀ ਪਰਮ ਆਤਮ ਸੁਖ ਦਾ (ਭਾਇ) ਪ੍ਰਕਾਸ਼ ਕਰਨ ਵਾਲੇ	S Thin Sathigur Sukh Bhaae Kirapaa Dhhaaree Jeea Naam Kee Baddaaee Dhee Gur Raamadhaas Ko ||5||	That True Guru, by the Pleasure of His Will, showered His Mercy upon all beings, and blessed Guru Raam Daas with the Glorious Greatness of the Naam. ||5||	ਉਸ (ਹਰੀ-ਰੂਪ) ਗੁਰੂ (ਅਮਰਦਾਸ ਜੀ) ਨੇ ਸਹਜ ਸੁਭਾਇ ਜੀਆਂ ਉਤੇ ਕਿਰਪਾ ਕੀਤੀ ਤੇ ਗੁਰ ਰਾਮਦਾਸ ਜੀ ਨੂੰ ਹਰੀ-ਨਾਮ ਦੀ ਵਡਿਆਈ ਬਖ਼ਸ਼ੀ ॥੫॥
59668	1404	ਨਾਮੁ ਨਿਧਾਨੁ ਧਿਆਨ ਅੰਤਰਗਤਿ ਤੇਜ ਪੁੰਜ ਤਿਹੁ ਲੋਗ ਪ੍ਰਗਾਸੇ॥		Naam Nidhhaan Dhhiaan Antharagath Thaej Punj Thihu Log Pragaasae ||	He focuses His Meditation deep within; the Embodiment of Light, He illuminates the three worlds.	(ਗੁਰੂ ਰਾਮਦਾਸ ਜੀ ਪਾਸ) ਨਾਮ-ਰੂਪ ਖ਼ਜ਼ਾਨਾ ਹੈ, (ਆਪ ਦੀ) ਅੰਤਰਮੁਖ ਬ੍ਰਿਤੀ ਹੈ, (ਆਪ ਦੇ) ਤੇਜ ਦਾ ਪੁੰਜ ਤਿੰਨਾਂ ਲੋਕਾਂ ਵਿਚ ਚਮਕ ਰਿਹਾ ਹੈ,
59669	1404	ਦੇਖਤ ਦਰਸੁ ਭਟਕਿ ਭ੍ਰਮੁ ਭਜਤ ਦੁਖ ਪਰਹਰਿ ਸੁਖ ਸਹਜ ਬਿਗਾਸੇ॥	ਭੱਜਤ। ਬਿਗੱਾਸੇ	Dhaekhath Dharas Bhattak Bhram Bhajath Dhukh Parehar Sukh Sehaj Bigaasae ||	Gazing upon the Blessed Vision of His Darshan, doubt runs away, pain is eradicated, and celestial peace spontaneously wells up.	(ਆਪ ਦਾ) ਦਰਸ਼ਨ ਕਰ ਕੇ (ਦਰਸਨ ਕਰਨ ਵਾਲਿਆਂ ਦਾ) ਭਰਮ ਭਟਕ ਕੇ ਭੱਜ ਜਾਂਦਾ ਹੈ, ਅਤੇ (ਉਹਨਾਂ ਦੇ) ਦੁੱਖ ਦੂਰ ਹੋ ਕੇ (ਉਹਨਾਂ ਦੇ ਅੰਦਰ) ਆਤਮਕ ਅਡੋਲਤਾ ਦੇ ਸੁਖ ਪਰਗਟ ਹੋ ਜਾਂਦੇ ਹਨ।

59670	1404	ਸੇਵਕ ਸਿਖ ਸਦਾ ਅਤਿ ਲੁਭਿਤ ਅਲਿ ਸਮੂਹ ਜਿਉ ਕੁਸਮ ਸੁਬਾਸੇ॥	ਲੁਭਿ-ਤ, ਅਲਿ: ਪੋਲਾ ਬੋਲੋ	Saevak Sikh Sadhaa Ath Lubhith Al Samooh Jio Kusam Subaasae ||	The selfless servants and Sikhs are always totally captivated by it, like bumble bees lured by the fragrance of the flower.	ਸੇਵਕ ਤੇ ਸਿੱਖ ਸਦਾ (ਗੁਰੂ ਰਾਮਦਾਸ ਜੀ ਦੇ ਚਰਨਾਂ ਦੇ) ਆਸ਼ਿਕ ਹਨ, ਜਿਵੇਂ ਭੌਰੇ ਫੁੱਲਾਂ ਦੀ ਵਾਸ਼ਨਾ ਦੇ।
59671	1404	ਬਿਦ੍ਯਮਾਨ ਗੁਰਿ ਆਪਿ ਥਪ੍ਯਉ ਥਿਰੁ ਸਾਚਉ ਤਖਤੁ ਗੁਰੂ ਰਾਮਦਾਸੈ ॥੬॥	(ਬਿਦ੍ਯਮਾਨ) ਪ੍ਰਗਟ। ਬਿਦ੍ਯਮਾਨ: ਬਿੱਦਿਅਮਾਨ। ਥਪ੍ਯਉ: ਥਪਿਅਉ	Bidhyamaan Gur Aap Thhapyo Thhir Saacho Thakhath Guroo Raamadhaasai ||6||	The Guru Himself established the Eternal Throne of Truth, in Guru Raam Daas. ||6||	ਪ੍ਰਤੱਖ ਗੁਰੂ (ਅਮਰਦਾਸ ਜੀ) ਨੇ ਆਪ ਹੀ ਗੁਰੂ ਰਾਮਦਾਸ ਜੀ ਦਾ ਸੱਚਾ ਤਖ਼ਤ ਨਿਹਚਲ ਟਿਕਾ ਦਿੱਤਾ ਹੈ ॥੬॥
59672	1405	ਤਾਰ੍ਯਉ ਸੰਸਾਰੁ ਮਾਯਾ ਮਦ ਮੋਹਿਤ ਅੰਮ੍ਰਿਤ ਨਾਮੁ ਦੀਅਉ ਸਮਰਥੁ॥	ਤਾਰ੍ਯਉ: ਤਾਰਿਅਉ। ਮਾ-ਯਾ: ਯਾ ਤਾਲੂ ਤੋਂ ਬੋਲੋ। ਸਮਰੱਥੁ	Thaaryo Sansaar Maayaa Madh Mohith Anmrith Naam Dheeao Samarathh ||	The Universe is intoxicated with the wine of Maya, but it has been saved; the All-powerful Guru has blessed it with the Ambrosial Nectar of the Naam.	(ਗੁਰੂ ਰਾਮਦਾਸ ਜੀ ਨੇ) ਮਾਇਆ ਦੇ ਮਦ ਵਿਚ ਮੋਹੇ ਹੋਏ ਸੰਸਾਰ ਨੂੰ ਤਾਰਿਆ ਹੈ, (ਆਪ ਨੇ ਜੀਆਂ ਨੂੰ) ਸਮਰੱਥਾ ਵਾਲਾ ਅੰਮ੍ਰਿਤ-ਨਾਮ ਬਖ਼ਸ਼ਿਆ ਹੈ,

59673	1405	ਫੁਨਿ ਕੀਰਤਿਵੰਤ ਸਦਾ ਸੁਖ ਸੰਪਤਿ ਰਿਧਿ ਅਰੁ ਸਿਧਿ ਨ ਛੋਡਇ ਸਥੁ॥	(ਕੀਰਤਿ-ਵੰਤ) ਛੋਡ-ਇ, ਸੱਥੁ	Fun Keerathivanth Sadhaa Sukh Sanpath Ridhh Ar Sidhh N Shhoddae Sathh ||	And, the Praiseworthy Guru is blessed with eternal peace, wealth and prosperity; the supernatural spiritual powers of the Siddhis never leave him.	ਆਪ ਸਦਾ ਸੁਖ, ਧਨ ਅਤੇ ਸੋਭਾ ਦੇ ਮਾਲਕ ਹਨ, ਰਿੱਧੀ ਅਤੇ ਸਿੱਧੀ ਆਪ ਦਾ ਸਾਥ ਨਹੀਂ ਛੱਡਦੀ।
59674	1405	ਦਾਨਿ ਬਡੌ ਅਤਿਵੰਤੁ ਮਹਾ ਬਲਿ ਸੇਵਕਿ ਦਾਸਿ ਕਹਿਓ ਇਹੁ ਤਥੁ॥	ਤੱਥੁ	Dhaan Badda Athivanth Mehaabal Saevak Dhaas Kehiou Eihu Thathh ||	His Gifts are vast and great; His awesome Power is supreme. Your humble servant and slave speaks this truth.	(ਗੁਰੂ ਰਾਮਦਾਸ) ਬੜਾ ਦਾਨੀ ਹੈ ਅਤੇ ਅਤਿਅੰਤ ਮਹਾਬਲੀ ਹੈ, ਸੇਵਕ ਦਾਸ (ਮਥੁਰਾ) ਨੇ ਇਹ ਸੱਚ ਆਖਿਆ ਹੈ।
59675	1405	ਤਾਹਿ ਕਹਾ ਪਰਵਾਹ ਕਾਹੂ ਕੀ ਜਾ ਕੈ ਬਸੀਸਿ ਧਰਿਓ ਗੁਰਿ ਹਥੁ॥੭॥੪੯॥		Thaahi Kehaa Paravaah Kaahoo Kee Jaa Kai Basees Dhhariou Gur Hathh ||7||49||	One, upon whose head the Guru has placed His Hand - with whom should he be concerned? ||7||49||	ਜਿਸ ਦੇ ਸਿਰ ਉੱਤੇ ਗੁਰੂ (ਰਾਮਦਾਸ ਜੀ) ਨੇ ਹੱਥ ਧਰਿਆ ਹੈ, ਉਸ ਨੂੰ ਕਿਸੇ ਦੀ ਕੀ ਪਰਵਾਹ ਹੈ? ॥੭॥੪੯॥

59676	1405	ਤੀਨਿ ਭਵਨ ਭਰਪੂਰਿ ਰਹਿਓ ਸੋਈ ਅਪਨ ਸਰਸੁ ਕੀਅਉ ਨ ਜਗਤ ਕੋਈ॥		Theen Bhavan Bharapoor Rehiou Soee Apan Saras Keeao N Jagath Koee ||	He is totally pervading and permeating the three realms; In all the world, He has not created another like Himself.	(ਜਿਹੜਾ) ਅਕਾਲ ਪੁਰਖ ਆਪ ਹੀ ਤਿੰਨਾਂ ਭਵਨਾਂ ਵਿਚ ਵਿਆਪਕ ਹੈ, ਜਗਤ ਦਾ ਕੋਈ ਦੂਜਾ ਜੀਵ (ਜਿਸ ਨੇ) ਆਪਣੇ ਵਰਗਾ ਪੈਦਾ ਨਹੀਂ ਕੀਤਾ,
59677	1405	ਆਪੁਨ ਆਪੁ ਆਪ ਹੀ ਉਪਾਯਉ॥	ਉਪਾ-ਯਉ: ਯ ਤਾਲੂ ਤੋਂ ਬੋਲੋ।	Aapun Aap Aap Hee Oupaayo ||	He Himself created Himself.	ਆਪਣਾ ਆਪ (ਜਿਸ ਨੇ) ਆਪ ਹੀ ਪੈਦਾ ਕੀਤਾ ਹੈ,
59678	1405	ਸੁਰਿ ਨਰ ਅਸੁਰ ਅੰਤੁ ਨਹੀ ਪਾਯਉ॥	ਅ-ਸੁਰ	Sur Nar Asur Anth Nehee Paayo ||	The angels, human beings and demons have not found His limits.	ਦੇਵਤੇ, ਮਨੁੱਖ, ਦੈਂਤ, ਕਿਸੇ ਨੇ (ਜਿਸ ਦਾ) ਅੰਤ ਨਹੀਂ ਪਾਇਆ;
59679	1405	ਪਾਯਉ ਨਹੀ ਅੰਤੁ ਸੁਰੇ ਅਸੁਰਹ ਨਰ ਗਣ ਗੰਧ੍ਰਬ ਖੋਜੰਤ ਫਿਰੇ॥	ਪਾਯਉ। ਅ-ਸੁਰਹ। ਗੰ-ਧ੍ਰਬ	Paayo Nehee Anth Surae Asureh Nar Gan Gandhhrab Khojanth Firae ||	The angels, demons and human beings have not found His limits; the heavenly heralds and celestial singers wander around, searching for Him.	ਦੇਵਤੇ, ਦੈਂਤ, ਮਨੁੱਖ, ਗਣ ਗੰਧਰਬ-ਸਭ ਜਿਸ ਨੂੰ ਖੋਜਦੇ ਫਿਰਦੇ ਹਨ, (ਕਿਸੇ ਨੇ ਜਿਸ ਦਾ) ਅੰਤ ਨਹੀਂ ਪਾਇਆ,

59680	1405	ਅਬਿਨਾਸੀ ਅਚਲੁ ਅਜੋਨੀ ਸੰਭਉ ਪੁਰਖੋਤਮੁ ਅਪਾਰ ਪਰੇ॥	ਅ-ਚੱਲੁ, ਸੰ-ਭਉ	Abinaasee Achal Ajonee Sanbho Purakhotham Apaar Parae ||	The Eternal, Imperishable, Unmoving and Unchanging, Unborn, Self-Existent, Primal Being of the Soul, the Infinity of the Infinite,	ਜਿਹੜਾ ਅਕਾਲ ਪੁਰਖ ਅਬਿਨਾਸ਼ੀ ਹੈ, ਅਡੋਲ ਹੈ, ਜੂਨਾਂ ਤੋਂ ਰਹਤ ਹੈ, ਆਪਣੇ ਆਪ ਤੋਂ ਪਰਗਟ ਹੋਇਆ ਹੈ, ਉੱਤਮ ਪੁਰਖ ਹੈ ਤੇ ਬਹੁਤ ਬੇਅੰਤ ਹੈ।
59681	1405	ਕਰਣ ਕਾਰਣ ਸਮਰਥੁ ਸਦਾ ਸੋਈ ਸਰਬ ਜੀਅ ਮਨਿ ਧ੍ਯਾਇਯਉ॥	ਧਿਆਇ-ਯਉ: ਯ ਤਾਲੂ ਤੋਂ ਬੋਲੋ।	Karan Kaaran Samarathh Sadhaa Soee Sarab Jeea Man Dhhyaaeiyo ||	The Eternal All-powerful Cause of causes - all beings meditate on Him in their minds.	(ਜਿਹੜਾ) ਹਰੀ ਸ੍ਰਿਸ਼ਟੀ ਦਾ ਮੂਲ ਹੈ, (ਜੋ) ਆਪ ਹੀ ਸਦਾ ਸਮਰੱਥ ਹੈ, ਸਾਰੇ ਜੀਆਂ ਨੇ (ਜਿਸ ਨੂੰ) ਮਨ ਵਿਚ ਸਿਮਰਿਆ ਹੈ,
59682	1405	ਸ੍ਰੀ ਗੁਰ ਰਾਮਦਾਸ ਜਯੋ ਜਯ ਜਗ ਮਹਿ ਤੈ ਹਰਿ ਪਰਮਪਦੁ ਪਾਇਯਉ॥੧॥	ਜ-ਯੋ, ਜ-ਯ, ਪਾਇ-ਯਉ: ਯ ਤਾਲੂ ਤੋਂ ਬੋਲੋ	Sree Gur Raamadhaas Jayo Jay Jag Mehi Thai Har Param Padh Paaeiyo ||1||	O Great and Supreme Guru Raam Daas, Your Victory resounds across the universe. You have attained the supreme status of the Lord. ||1||	ਹੇ ਗੁਰੂ ਰਾਮਦਾਸ ਜੀ! (ਆਪ ਦੀ) ਜਗਤ ਵਿਚ ਜੈ-ਜੈਕਾਰ ਹੋ ਰਹੀ ਹੈ ਕਿ ਆਪ ਨੇ ਉਸ ਹਰੀ ਦੀ ਉੱਚੀ ਪਦਵੀ ਪਾ ਲਈ ਹੈ ॥੧॥
59683	1405	ਸਤਿਗੁਰਿ ਨਾਨਕਿ ਭਗਤਿ ਕਰੀ ਇਕ ਮਨਿ ਤਨੁ ਮਨੁ ਧਨੁ ਗੋਬਿੰਦ ਦੀਅਉ॥		Sathigur Naanak Bhagath Karee Eik Man Than Man Dhhan Gobindh Dheeao ||	Nanak, the True Guru, worships God single-mindedly; He surrenders His body, mind and wealth to the Lord of the Universe.	ਗੁਰੂ ਨਾਨਕ ਦੇਵ ਜੀ ਨੇ ਇਕ-ਮਨ ਹੋ ਕੇ ਭਗਤੀ ਕੀਤੀ, ਤੇ (ਆਪਣਾ) ਤਨ ਮਨ ਧਨ ਗੋਬਿੰਦ ਨੂੰ ਅਰਪਨ ਕਰ ਦਿੱਤਾ।

59684	1405	ਅੰਗਦਿ ਅਨੰਤ ਮੂਰਤਿ ਨਿਜ ਧਾਰੀ ਅਗਮ ਗ੍ਯਾਨਿ ਰਸਿ ਰਸ੍ਯਉ ਹੀਅਉ॥	ਗ੍ਯਾਨਿ: ਗਿਆਨਿ। ਰਸ੍ਯਉ: ਰਸਿਅਉ	Angadh Ananth Moorath Nij Dhhaaree Agam Gyaan Ras Rasyo Heeao ||	The Infinite Lord enshrined His Own Image in Guru Angad. In His heart, He delights in the spiritual wisdom of the Unfathomable Lord.	(ਗੁਰੂ) ਅੰਗਦ (ਸਾਹਿਬ ਜੀ) ਨੇ 'ਅਨੰਤ ਮੂਰਤਿ' ਹਰੀ ਨੂੰ ਆਪਣੇ ਅੰਦਰ ਟਿਕਾਇਆ, ਅਪਹੁੰਚ ਹਰੀ ਦੇ ਗਿਆਨ ਦੀ ਬਰਕਤਿ ਨਾਲ ਆਪ ਦਾ ਹਿਰਦਾ ਪ੍ਰੇਮ ਵਿਚ ਭਿੱਜ ਗਿਆ।
59685	1405	ਗੁਰਿ ਅਮਰਦਾਸਿ ਕਰਤਾਰੁ ਕੀਅਉ ਵਸਿ ਵਾਹੁ ਵਾਹੁ ਕਰਿ ਧ੍ਯਾਇਯਉ॥	ਧਿਆਇ-ਯਉ: ਯ ਤਾਲੂ ਤੋਂ ਬੋਲ	Gur Amaradhaas Karathaar Keeao Vas Vaahu Vaahu Kar Dhhyaaeiyo ||	Guru Amar Daas brought the Creator Lord under His control. Waaho! Waaho! Meditate on Him!	ਗੁਰੂ ਅਮਰਦਾਸ ਜੀ ਨੇ ਕਰਤਾਰ ਨੂੰ ਆਪਣੇ ਵੱਸ ਵਿਚ ਕੀਤਾ। 'ਤੂੰ ਧੰਨ ਹੈਂ, ਤੂੰ ਧੰਨ ਹੈਂ'- ਇਹ ਆਖ ਕੇ ਆਪ ਨੇ ਕਰਤਾਰ ਨੂੰ ਸਿਮਰਿਆ।
59686	1405	ਸ੍ਰੀ ਗੁਰ ਰਾਮਦਾਸ ਜਯੋ ਜਯ ਜਗ ਮਹਿ ਤੈ ਹਰਿ ਪਰਮਪਦੁ ਪਾਇਯਉ॥੨॥	ਯ ਤਾਲੂ ਤੋਂ ਬੋਲੋ	Sree Gur Raamadhaas Jayo Jay Jag Mehi Thai Har Param Padh Paaeiyo ||2||	O Great and Supreme Guru Raam Daas, Your Victory resounds across the universe. You have attained the supreme status of the Lord. ||2||	ਹੇ ਗੁਰੂ ਰਾਮਦਾਸ ਜੀ! ਆਪ ਦੀ ਭੀ ਜਗਤ ਵਿਚ ਜੈ-ਜੈਕਾਰ ਹੋ ਰਹੀ ਹੈ; ਆਪ ਨੇ ਅਕਾਲ ਪੁਰਖ ਦੇ ਮਿਲਾਪ ਦਾ ਸਭ ਤੋਂ ਉੱਚਾ ਦਰਜਾ ਹਾਸਲ ਕਰ ਲਿਆ ਹੈ ॥੨॥
59687	1405	ਨਾਰਦੁ ਧ੍ਰੂ ਪ੍ਰਹਲਾਦੁ ਸੁਦਾਮਾ ਪੁਬ ਭਗਤ ਹਰਿ ਕੇ ਜੁਗਣੰ॥	(ਪੁਬ) ਪੂਰਬਲੇ। (ਜੁੱਗਣੰ) ਜੁੱਗਾਂ ਦੇ	Naaradh Dhhroo Prehalaadh Sudhaamaa Pub Bhagath Har Kae J Ganan ||	Naarad, Dhroo, Prahlaad and Sudaamaa are accounted among the Lord's devotees of the past.	ਨਾਰਦ, ਧ੍ਰੂ ਪ੍ਰਹਲਾਦ, ਸੁਦਾਮਾ- ਜੋ ਹਰੀ ਦੇ ਪੂਰਬਲੇ ਜੁਗਾਂ ਦੇ ਭਗਤ ਗਿਣੇ ਜਾਂਦੇ ਹਨ;

59688	1405	ਅੰਬਰੀਕੁ ਜਯਦੇਵ ਤ੍ਰਿਲੋਚਨੁ ਨਾਮਾ ਅਵਰੁ ਕਬੀਰੁ ਭਣੰ॥	ਜਯਦੇਵ: ਯ ਤਾਲੂ ਤੋਂ ਬੋਲੋ	Anbareek Jayadhaev Thrilochan Naamaa Avar Kabeer Bhanan ||	Ambreek, Jai Dayv, Trilochan, Naam Dayv and Kabeer are also remembered.	ਅੰਬਰੀਕ, ਜੈਦੇਵ, ਤ੍ਰਿਲੋਚਨ, ਨਾਮਾ ਅਤੇ ਕਬੀਰ,
59689	1405	ਤਿਨ ਕੌ ਅਵਤਾਰੁ ਭਯਉ ਕਲਿ ਭਿੰਤਰਿ ਜਸੁ ਜਗਤ੍ਰ ਪਰਿ ਛਾਇਯਉ॥	ਭ-ਯਉ: ਯ ਤਾਲੂ ਤੋਂ ਬੋਲੋ। ਛਾਇ-ਯਉ। ਜ-ਗੱਤ੍ਰ	Thin Ka Avathaar Bhayo Kal Bhinthar Jas Jagathr Par Shhaaeiyo ||	They were incarnated in this Dark Age of Kali Yuga; their praises have spread over all the world.	ਜਿਨ੍ਹਾਂ ਦਾ ਜਨਮ ਕਲਜੁਗ ਵਿਚ ਹੋਇਆ ਹੈ- ਇਹਨਾਂ ਸਾਰਿਆਂ ਦਾ ਜਸ ਜਗਤ ਉੱਤੇ (ਹਰੀ ਦੇ ਭਗਤ ਹੋਣ ਦੇ ਕਾਰਨ ਹੀ) ਖਿਲਰਿਆ ਹੋਇਆ ਹੈ।
59690	1405	ਸ੍ਰੀ ਗੁਰ ਰਾਮਦਾਸ ਜਯੋ ਜਯ ਜਗ ਮਹਿ ਤੈ ਹਰਿ ਪਰਮਪਦੁ ਪਾਇਯਉ॥੩॥		Sree Gur Raamadhaas Jayo Jay Jag Mehi Thai Har Param Padh Paaeiyo ||3||	O Great and Supreme Guru Raam Daas, Your Victory resounds across the universe. You have attained the supreme status of the Lord. ||3||	ਹੇ ਗੁਰੂ ਰਾਮਦਾਸ ਜੀ! ਆਪ ਦੀ ਭੀ ਜੈ-ਜੈਕਾਰ ਜਗਤ ਵਿਚ ਹੋ ਰਹੀ ਹੈ, ਕਿ ਆਪ ਨੇ ਹਰੀ (ਦੇ ਮਿਲਾਪ) ਦੀ ਪਰਮ ਪਦਵੀ ਪਾਈ ਹੈ ॥੩॥
59691	1405	ਮਨਸਾ ਕਰਿ ਸਿਮਰੰਤ ਤੁਝੈ ਨਰ ਕਾਮੁ ਕ੍ਰੋਧੁ ਮਿਟਿਅਉ ਜੁ ਤਿਨੰ॥	ਦਿਲ ਦੀ ਸਫ਼ਾਈ ਪ੍ਰੇਮ ਭਾਵਨਾ ਨਾਲ (ਮਨਸਾ) ਮਨ ਕਰਕੇ	Manasaa Kar Simaranth Thujhai Nar Kaam Krodhh Mittiao J Thinan ||	Those who meditate in remembrance on You within their minds - their sexual desire and anger are taken away.	ਜੋ ਮਨੁੱਖ, (ਹੇ ਸਤਿਗੁਰੂ!) ਤੈਨੂੰ ਮਨ ਜੋੜ ਕੇ ਸਿਮਰਦੇ ਹਨ, ਉਹਨਾਂ ਦਾ ਕਾਮ ਅਤੇ ਕ੍ਰੋਧ ਮਿਟ ਜਾਂਦਾ ਹੈ।

59692	1405	ਬਾਚਾ ਕਰਿ ਸਿਮਰੰਤ ਤੁਝੈ ਤਿਨ੍ ਦੁਖੁ ਦਰਿਦ੍ਰੁ ਮਿਟਯਉ ਜੁ ਖਿਣੰ॥	(ਬਾਚਾ) ਬਾਣੀ ਕਰਕੇ। ਮਿਟਯਉ: ਯ ਤਾਲੂ ਤੋਂ ਬੋਲੋ । ਬਾੱਚਾ	Baachaa Kar Simaranth Thujhai Thinh Dhukh Dharidhra Mittayo J Khinan ||	Those who remember You in meditation with their words, are rid of their poverty and pain in an instant.	ਜੋ ਜੀਵ ਆਪ ਨੂੰ ਬਚਨਾਂ ਦੁਆਰਾ (ਭਾਵ, ਜੀਭ ਨਾਲ) ਸਿਮਰਦੇ ਹਨ, ਉਹਨਾਂ ਦਾ ਦੁੱਖ ਤੇ ਦਰਿਦ੍ਰ ਖਿਨ ਵਿਚ ਦੂਰ ਹੋ ਜਾਂਦਾ ਹੈ।
59693	1405	ਕਰਮ ਕਰਿ ਤੁਅ ਦਰਸ ਪਰਸ ਪਾਰਸ ਸਰ ਬਲ੍ ਭਟ ਜਸੁ ਗਾਇਯਉ॥	ਗਾਇੜਉ: ਯ ਤਾਲੂ ਤੋਂ ਬੋਲੋ। ਕਰਮਸ੍ਰੀਰ ਕਰਕੇ। ਗੁਰਮੁਖਿ ਬਲ੍ ਭੱਟ। ਬਲ੍: ਬੱਲਿਅ	Karam Kar Thua Dharas Paras Paaras Sar Baly Bhatt Jas Gaaeiyo ||	Those who obtain the Blessed Vision of Your Darshan, by the karma of their good deeds, touch the Philosopher's Stone, and like BALL the poet, sing Your Praises.	ਹੇ ਗੁਰੂ ਰਾਮਦਾਸ ਜੀ! ਬਲਜਜ ਭੱਟ (ਆਪ ਦਾ) ਜਸ ਗਾਂਦਾ ਹੈ (ਤੇ ਆਖਦਾ ਹੈ ਕਿ) ਜੋ ਮਨੁੱਖ ਆਪ ਦਾ ਦਰਸ਼ਨ ਸਰੀਰਕ ਇੰਦ੍ਰਿਆਂ ਨਾਲ ਪਰਸਦੇ ਹਨ, ਉਹ ਪਾਰਸ ਸਮਾਨ ਹੋ ਜਾਂਦੇ ਹਨ।
59694	1405	ਸ੍ਰੀ ਗੁਰ ਰਾਮਦਾਸ ਜਯੋ ਜਯ ਜਗ ਮਹਿ ਤੈ ਹਰਿ ਪਰਮਪਦੁ ਪਾਇਯਉ॥੪॥	ਪਾਇਯਉ: ਯ ਤਾਲੂ ਤੋਂ ਬੋਲੋ	Sree Gur Raamadhaas Jayo Jay Jag Mehi Thai Har Param Padh Paaeiyo ||4||	O Great and Supreme Guru Raam Daas, Your Victory resounds across the universe. You have attained the supreme status of the Lord. ||4||	ਹੇ ਗੁਰੂ ਰਾਮਦਾਸ ਜੀ! ਆਪ ਦੀ ਜੈ-ਜੈਕਾਰ ਜਗਤ ਵਿਚ ਹੋ ਰਹੀ ਹੈ ਕਿ ਆਪ ਨੇ ਹਰੀ ਦੀ ਉੱਚੀ ਪਦਵੀ ਪਾ ਲਈ ਹੈ ॥੪॥

59695	1405	ਜਿਹ ਸਤਿਗੁਰ ਸਿਮਰੰਤ ਨਯਨ ਕੇ ਤਿਮਰ ਮਿਟਹਿ ਖਿਨੁ॥		Jih Sathigur Simaranth Nayan Kae Thimar Mittehi Khin ||	Those who meditate in remembrance on the True Guru - the darkness of their eyes is removed in an instant.	ਜਿਸ ਗੁਰੂ ਦਾ ਸਿਮਰਨ ਕੀਤਿਆਂ, ਅੱਖਾਂ ਦੇ ਛੌੜ ਖਿਨ ਵਿਚ ਕੱਟੇ ਜਾਂਦੇ ਹਨ,
59696	1405	ਜਿਹ ਸਤਿਗੁਰ ਸਿਮਰੰਥਿ ਰਿਦੈ ਹਰਿ ਨਾਮੁ ਦਿਨੋ ਦਿਨੁ॥		Jih Sathigur Simaranthh Ridhai Har Naam Dhino Dhin ||	Those who meditate in remembrance on the True Guru within their hearts, are blessed with the Lord's Name, day by day.	ਜਿਸ ਗੁਰੂ ਦਾ ਸਿਮਰਨ ਕੀਤਿਆਂ ਹਿਰਦੇ ਵਿਚ ਹਰੀ ਦਾ ਨਾਮ ਦਿਨੇ ਦਿਨ (ਵਧੀਕ ਜੰਮਦਾ ਹੈ);
59697	1405	ਜਿਹ ਸਤਿਗੁਰ ਸਿਮਰੰਥਿ ਜੀਅ ਕੀ ਤਪਤਿ ਮਿਟਾਵੈ॥		Jih Sathigur Simaranthh Jeea Kee Thapath Mittaavai ||	Those who meditate in remembrance on the True Guru within their souls - the fire of desire is extinguished for them.	ਜਿਸ ਗੁਰੂ ਨੂੰ ਸਿਮਰਿਆਂ (ਜੀਵ) ਹਿਰਦੇ ਦੀ ਤਪਤ ਮਿਟਾਉਂਦਾ ਹੈ,
59698	1405	ਜਿਹ ਸਤਿਗੁਰ ਸਿਮਰੰਥਿ ਰਿਧਿ ਸਿਧਿ ਨਵ ਨਿਧਿ ਪਾਵੈ॥		Jih Sathigur Simaranthh Ridhh Sidhh Nav Nidhh Paavai ||	Those who meditate in remembrance on the True Guru, are blessed with wealth and prosperity, supernatural spiritual powers and the nine treasures.	ਜਿਸ ਗੁਰੂ ਨੂੰ ਯਾਦ ਕਰ ਕੇ (ਜੀਵ) ਰਿੱਧੀਆਂ ਸਿੱਧੀਆਂ ਤੇ ਨੌ ਨਿਧੀਆਂ ਪਾ ਲੈਂਦਾ ਹੈ;

59699	1405	ਸੋਈ ਰਾਮਦਾਸੁ ਗੁਰੁ ਬਲ੍ਯ ਭਣਿ ਮਿਲਿ ਸੰਗਤਿ ਧੰਨਿ ਧੰਨਿ ਕਰਹੁ॥	ਬਲ੍ਯ : ਬੱਲਿਅ	Soee Raamadhaas Gur Baly Bhan Mil Sangath Dhhann Dhhann Karahu ||	So speaks BALL the poet: Blessed is Guru Raam Daas; joining the Sangat, the Congregation, call Him blessed and great.	ਬਲਜਜ (ਕਵੀ) ਆਖਦਾ ਹੈ- ਸੰਗਤ ਵਿਚ ਮਿਲ ਕੇ ਉਸ (ਗੁਰੂ) ਨੂੰ ਆਖੋ-'ਤੂੰ ਧੰਨ ਹੈਂ, ਤੂੰ ਧੰਨ ਹੈਂ',
59700	1405	ਜਿਹ ਸਤਿਗੁਰ ਲਗਿ ਪ੍ਰਭੁ ਪਾਈਐ ਸੋ ਸਤਿਗੁਰੁ ਸਿਮਰਹੁ ਨਰਹੁ॥੫॥੫੪॥		Jih Sathigur Lag Prabh Paaeeai So Sathigur Simarahu Narahu ||5||54||	Meditate on the True Guru, O men, through Whom the Lord is obtained. ||5||54||	ਜਿਸ ਗੁਰੂ ਰਾਮਦਾਸ ਜੀ ਦੀ ਚਰਨੀਂ ਲੱਗ ਕੇ ਪ੍ਰਭੂ ਨੂੰ ਮਿਲੀਦਾ ਹੈ, ਹੇ ਜਨੋ! ਉਸ ਗੁਰੂ ਨੂੰ ਸਿਮਰੋ ॥੫॥੫੪॥
59701	1405	ਜਿਨਿ ਸਬਦੁ ਕਮਾਇ ਪਰਮਪਦੁ ਪਾਇਓ ਸੇਵਾ ਕਰਤ ਨ ਛੋਡਿਓ ਪਾਸੁ॥		Jin Sabadh Kamaae Param Padh Paaeiou Saevaa Karath N Shhoddiou Paas ||	Living the Word of the Shabad, He attained the supreme status; while performing selfless service, He did not leave the side of Guru Amar Daas.	ਜਿਸ (ਗੁਰੂ ਰਾਮਦਾਸ ਜੀ) ਨੇ ਸ਼ਬਦ ਨੂੰ ਕਮਾ ਕੇ ਉੱਚੀ ਪਦਵੀ ਪਾਈ, ਅਤੇ (ਗੁਰੂ ਅਮਰਦਾਸ ਜੀ ਦੀ) ਸੇਵਾ ਕਰਦਿਆਂ ਸਾਥ ਨਾ ਛੱਡਿਆ,

59702	1405	ਤਾ ਤੇ ਗਉਹਰੁ ਗ੍ਯਾਨ ਪ੍ਰਗਟੁ ਉਜੀਆਰਉ ਦੁਖ ਦਰਿਦ੍ਰ ਅੰਧ੍ਯਾਰ ਕੋ ਨਾਸੁ॥	(ਗਉਹਰੁ) ਬ੍ਰਹਮ। ਗ੍ਯਾਨ: ਗਿਆਨ। ਉਜੀ-ਆਰਉ।ਅੰਧ੍ਯਾਰ: ਅੰਧਿਆਰ	Thaa Thae Gouhar Gyaan Pragatt Oujeeaaro Dhukh Dharidhr Andhhyaar Ko Naas ||	From that service, the light from the jewel of spiritual wisdom shines forth, radiant and bright; it has destroyed pain, poverty and darkness.	ਉਸ (ਗੁਰੂ) ਤੋਂ ਮੋਤੀ-ਵਤ ਉੱਜਲ ਗਿਆਨ ਦਾ ਚਾਨਣਾ ਪ੍ਰਗਟ ਹੋਇਆ, ਅਤੇ ਦਰਿਦ੍ਰ ਤੇ ਹਨੇਰੇ ਦਾ ਨਾਸ ਹੋ ਗਿਆ।
59703	1406	ਕਵਿ ਕੀਰਤ ਜੋ ਸੰਤ ਚਰਨ ਮੁੜਿ ਲਾਗਹਿ ਤਿਨ੍ ਕਾਮ ਕ੍ਰੋਧ ਜਮ ਕੋ ਨਹੀ ਤ੍ਰਾਸੁ॥		Kav Keerath Jo Santh Charan Murr Laagehi Thinh Kaam Krodhh Jam Ko Nehee Thraas ||	So speaks Keerat the poet: those who grasp hold of the feet of the Saints, are not afraid of death, sexual desire or anger.	ਹੇ ਕਵੀ ਕੀਰਤ! ਜੋ ਮਨੁੱਖ ਉਸ ਸੰਤ (ਗੁਰੂ ਰਾਮਦਾਸ ਜੀ) ਦੀ ਚਰਨੀਂ ਲੱਗਦੇ ਹਨ, ਉਹਨਾਂ ਨੂੰ ਕਾਮ ਕ੍ਰੋਧ ਤੇ ਜਮਾਂ ਦਾ ਡਰ ਨਹੀਂ ਰਹਿੰਦਾ।
59704	1406	ਜਿਵ ਅੰਗਦੁ ਅੰਗਿ ਸੰਗਿ ਨਾਨਕ ਗੁਰ ਤਿਵ ਗੁਰ ਅਮਰਦਾਸ ਕੈ ਗੁਰੁ ਰਾਮਦਾਸੁ॥੧॥		Jiv Angadh Ang Sang Naanak Gur Thiv Gur Amaradhaas Kai Gur Raamadhaas ||1||	Just as Guru Nanak was part and parcel, life and limb with Guru Angad, so is Guru Amar Daas one with Guru Raam Daas. ||1||	ਜਿਵੇਂ (ਗੁਰੂ) ਅੰਗਦ (ਸਾਹਿਬ ਜੀ) ਸਦਾ ਗੁਰੂ ਨਾਨਕ ਦੇਵ ਜੀ ਨਾਲ (ਰਹੇ, ਭਾਵ, ਸਦਾ ਗੁਰੂ ਨਾਨਕ ਦੇਵ ਜੀ ਦੀ ਹਜ਼ੂਰੀ ਵਿਚ ਰਹੇ), ਤਿਵੇਂ ਗੁਰੂ ਰਾਮਦਾਸ (ਜੀ) ਗੁਰੂ ਅਮਰਦਾਸ (ਜੀ) ਦੇ (ਨਾਲ ਰਹੇ) ॥੧॥

59705	1406	ਜਿਨਿ ਸਤਿਗੁਰੁ ਸੇਵਿ ਪਦਾਰਥੁ ਪਾਯਉ ਨਿਸਿ ਬਾਸੁਰ ਹਰਿ ਚਰਨ ਨਿਵਾਸੁ॥	ਪਾਯਉ: ਯ ਤਾਲੂ ਤੋਂ ਬੋਲੋ	Jin Sathigur Saev Padhaarathh Paayo Nis Baasur Har Charan Nivaas ||	Whoever serves the True Guru obtains the treasure; night and day, he dwells at the Lord's Feet.	ਜਿਸ (ਗੁਰੂ ਰਾਮਦਾਸ ਜੀ) ਨੇ ਸਤਿਗੁਰੂ (ਅਮਰਦਾਸ ਜੀ) ਨੂੰ ਸਿਮਰ ਕੇ ਨਾਮ ਪਦਾਰਥ ਲੱਭਾ ਹੈ, ਤੇ ਅੱਠੇ ਪਹਿਰ ਜਿਸ ਦਾ ਹਰੀ ਦੇ ਚਰਨਾਂ ਵਿਚ ਨਿਵਾਸ ਰਹਿੰਦਾ ਹੈ,
59706	1406	ਤਾ ਤੇ ਸੰਗਤਿ ਸਘਨ ਭਾਇ ਭਉ ਮਾਨਹਿ ਤੁਮ ਮਲੀਆਗਰ ਪ੍ਰਗਟ ਸੁਬਾਸੁ॥	(ਸਘਨ) ਸੰਘਣੀ ਸਤਿਸੰਗਤਿ। (ਸੁਬਾਸੁ) ਸ੍ਰੇਸ਼ਟ ਖੁਸ਼ਬੂ। ਮਲੀ-ਆਗਰ	Thaa Thae Sangath Saghan Bhaae Bho Maanehi Thum Maleeaagar Pragatt Subaas ||	And so, the entire Sangat loves, fears and respects You. You are the sandalwood tree; Your fragrance spreads gloriously far and wide.	ਉਸ (ਗੁਰੂ ਰਾਮਦਾਸ ਜੀ) ਪਾਸੋਂ ਬੇਅੰਤ ਸੰਗਤਾਂ ਪ੍ਰੇਮ ਵਿਚ (ਮਸਤ ਹੋ ਕੇ) ਭਉ ਮੰਨਦੀਆਂ ਹਨ (ਤੇ ਕਹਿੰਦੀਆਂ ਹਨ)-("ਹੇ ਗੁਰੂ ਰਾਮਦਾਸ ਜੀ!) ਆਪ ਪ੍ਰਤੱਖ ਤੌਰ ਤੇ ਚੰਦਨ ਦੀ ਮਿੱਠੀ ਵਾਸ਼ਨਾ ਵਾਲੇ ਹੋ।"
59707	1406	ਧ੍ਰੂ ਪ੍ਰਹਲਾਦ ਕਬੀਰ ਤਿਲੋਚਨ ਨਾਮੁ ਲੈਤ ਉਪਜ੍ਯੋ ਜੁ ਪ੍ਰਗਾਸੁ॥	ਉਪਜ੍ਯੋ: ਉਪਜਿਓ। ਪ੍ਰਹ-ਲਾਦ	Dhhroo Prehalaadh Kabeer Thilochan Naam Laith Oupajyo J Pragaas ||	Dhroo, Prahlaad, Kabeer and Trilochan chanted the Naam, the Name of the Lord, and His Illumination radiantly shines forth.	ਨਾਮ ਸਿਮਰ ਕੇ ਧ੍ਰੂ ਪ੍ਰਹਲਾਦ ਕਬੀਰ ਅਤੇ ਤ੍ਰਿਲੋਚਨ ਨੂੰ ਜੋ ਚਾਨਣ (ਦਿੱਸਿਆ ਸੀ),

59708	1406	ਜਿਹ ਪਿਖਤ ਅਤਿ ਹੋਇ ਰਹਸੁ ਮਨਿ ਸੋਈ ਸੰਤ ਸਹਾਰੁ ਗੁਰੂ ਰਾਮਦਾਸੁ॥੨॥	(ਸਹਾਰ) ਸਹਾਰਾ। ਰਹਸੁ: ਪੋਲਾ ਬੋਲੋ ਮਿਲਵਾਂ	Jih Pikhath Ath Hoe Rehas Man Soee Santh Sehaar Guroo Raamadhaas ||2||	Seeing Him, the mind is totally delighted; Guru Raam Daas is the Helper and Support of the Saints. ||2||	ਅਤੇ ਜਿਸ ਨੂੰ ਵੇਖ ਵੇਖ ਕੇ ਮਨ ਵਿਚ ਬੜਾ ਅਨੰਦ ਹੁੰਦਾ ਹੈ, ਉਹ ਸੰਤਾਂ ਦਾ ਆਸਰਾ ਗੁਰੂ ਰਾਮਦਾਸ ਹੀ ਹੈ ॥੨॥
59709	1406	ਨਾਨਕਿ ਨਾਮੁ ਨਿਰੰਜਨ ਜਾਨ੍ਹਿਉ ਕੀਨੀ ਭਗਤਿ ਪ੍ਰੇਮ ਲਿਵ ਲਾਈ॥	ਜਾਨ੍ਹਿਉ: ਜਾਨਿਅਉ	Naanak Naam Niranjan Jaanyo Keenee Bhagath Praem Liv Laaee ||	Guru Nanak realized the Immaculate Naam, the Name of the Lord. He was lovingly attuned to loving devotional worship of the Lord.	(ਗੁਰੂ) ਨਾਨਕ (ਦੇਵ ਜੀ) ਨੇ ਨਿਰੰਜਨ ਦਾ ਨਾਮ ਪਛਾਣਿਆ, ਪ੍ਰੇਮ ਨਾਲ ਬ੍ਰਿਤੀ ਜੋੜ ਕੇ ਭਗਤੀ ਕੀਤੀ।
59710	1406	ਤਾ ਤੇ ਅੰਗਦੁ ਅੰਗ ਸੰਗਿ ਭਯੋ ਸਾਇਰੁ ਤਿਨਿ ਸਬਦ ਸੁਰਤਿ ਕੀ ਨੀਵ ਰਖਾਈ॥	ਵਿਆਪਕ ਬ੍ਰਹਮ ਰੂਪ (ਸਾਇਰੁ) ਸਮੁੰਦ੍ਰ।ਭ-ਯੋ	Thaa Thae Angadh Ang Sang Bhayo Saaeir Thin Sabadh Surath Kee Neev Rakhaaee ||	Gur Angad was with Him, life and limb, like the ocean; He showered His consciousness with the Word of the Shabad.	ਉਹਨਾਂ ਤੋਂ ਸਮੁੰਦਰ-ਰੂਪ ਗੁਰੂ ਅੰਗਦ ਦੇਵ ਜੀ (ਹੋਏ, ਜੋ) ਸਦਾ ਉਹਨਾਂ ਦੀ ਹਜ਼ੂਰੀ ਵਿਚ ਟਿਕੇ ਤੇ ਜਿਨ੍ਹਾਂ ਨੇ 'ਸ਼ਬਦ ਸੁਰਤ' ਦੀ ਵਰਖਾ ਕੀਤੀ (ਭਾਵ, ਸ਼ਬਦ ਦੇ ਧਿਆਨ ਦੀ ਖੁਲ੍ਹੀ ਵੰਡ ਵੰਡੀ)।

59711	1406	ਗੁਰ ਅਮਰਦਾਸ ਕੀ ਅਕਥ ਕਥਾ ਹੈ ਇਕ ਜੀਹ ਕਛੁ ਕਹੀ ਨ ਜਾਈ॥	ਅ-ਕਥ: ਪੋਲਾ ਬੋਲੋ	Gur Amaradhaas Kee Akathh Kathhaa Hai Eik Jeeh Kashh Kehee N Jaaee ||	The Unspoken Speech of Guru Amar Daas cannot be expressed with only one tongue.	ਗੁਰੂ ਅਮਰਦਾਸ ਜੀ ਦੀ ਕਥਾ ਕਥਨ ਤੋਂ ਪਰੇ ਹੈ, (ਗੁਰੂ ਅਮਰਦਾਸ ਜੀ ਦੀ ਉੱਚੀ ਆਤਮਕ ਅਵਸਥਾ ਬਿਆਨ ਨਹੀਂ ਕੀਤੀ ਜਾ ਸਕਦੀ), ਮੇਰੀ ਇਕ ਜੀਭ ਹੈ, ਇਸ ਨਾਲ ਕੁਛ ਆਖੀ ਨਹੀਂ ਜਾ ਸਕਦੀ।
59712	1406	ਸੋਢੀ ਸ੍ਰਿਸ੍ਰਿ ਸਕਲ ਤਾਰਣ ਕਉ ਅਬ ਗੁਰ ਰਾਮਦਾਸ ਕਉ ਮਿਲੀ ਬਡਾਈ॥੩॥	ਸਰ੍ਿਸਰ੍ਿ	Sodtee Srist Sakal Thaaran Ko Ab Gur Raamadhaas Ko Milee Baddaaee ||3||	Guru Raam Daas of the Sodhi dynasty has now been blessed with Glorious Greatness, to carry the whole world across. ||3||	ਹੁਣ (ਗੁਰੂ ਅਮਰਦਾਸ ਜੀ ਤੋਂ) ਸਾਰੀ ਸ੍ਰਿਸ਼ਟੀ ਨੂੰ ਤਾਰਨ ਲਈ ਸੋਢੀ ਗੁਰੂ ਰਾਮਦਾਸ (ਜੀ) ਨੂੰ ਵਡਿਆਈ ਮਿਲੀ ਹੈ ॥੩॥
59713	1406	ਹਮ ਅਵਗੁਣਿ ਭਰੇ ਏਕੁ ਗੁਣੁ ਨਾਹੀ ਅੰਮ੍ਰਿਤੁ ਛਾਡਿ ਬਿਖੈ ਬਿਖੁ ਖਾਈ॥		Ham Avagun Bharae Eaek Gun Naahee Anmrith Shhaadd Bikhai Bikh Khaaee ||	I am overflowing with sins and demerits; I have no merits or virtues at all. I abandoned the Ambrosial Nectar, and I drank poison instead.	ਅਸੀਂ ਅਉਗਣਾਂ ਨਾਲ ਭਰੇ ਹੋਏ ਹਾਂ, (ਸਾਡੇ ਵਿਚ) ਇੱਕ ਭੀ ਗੁਣ ਨਹੀਂ ਹੈ, ਅੰਮ੍ਰਿਤ (-ਨਾਮ) ਨੂੰ ਛੱਡ ਕੇ ਅਸਾਂ ਨਿਰੀ ਵਿਹੁ ਹੀ ਖਾਧੀ ਹੈ।

59714	1406	ਮਾਯਾ ਮੋਹ ਭਰਮ ਪੈ ਭੂਲੇ ਸੁਤ ਦਾਰਾ ਸਿਉ ਪ੍ਰੀਤਿ ਲਗਾਈ॥	ਮਾਯਾ	Maayaa Moh Bharam Pai Bhoolae Suth Dhaaraa Sio Preeth Lagaaee ||	I am attached to Maya, and deluded by doubt; I have fallen in love with my children and spouse.	ਮਾਇਆ ਦੇ ਮੋਹ ਅਤੇ ਭਰਮਾਂ ਵਿਚ ਪੈ ਕੇ ਅਸੀਂ (ਸਹੀ ਜੀਵਨ-ਰਾਹ ਤੋਂ) ਭੁੱਲੇ ਹੋਏ ਹਾਂ, ਤੇ ਪੁੱਤਰ ਇਸਤ੍ਰੀ ਨਾਲ ਅਸਾਂ ਪਿਆਰ ਪਾਇਆ ਹੋਇਆ ਹੈ।
59715	1406	ਇਕੁ ਉਤਮ ਪੰਥੁ ਸੁਨਿਓ ਗੁਰ ਸੰਗਤਿ ਤਿਹ ਮਿਲੰਤ ਜਮ ਤ੍ਰਾਸ ਮਿਟਾਈ॥		Eik Outham Panthh Suniou Gur Sangath Thih Milanth Jam Thraas Mittaaee ||	I have heard that the most exalted Path of all is the Sangat, the Guru's Congregation. Joining it, the fear of death is taken away.	ਅਸਾਂ ਸਤਿਗੁਰੂ ਦੀ ਸੰਗਤ ਵਾਲਾ ਇਕ ਉੱਚਾ ਰਾਹ ਸੁਣਿਆ ਹੈ, ਉਸ ਵਿਚ ਮਿਲ ਕੇ ਅਸਾਂ ਜਮਾਂ ਦਾ ਡਰ ਮਿਟਾ ਲਿਆ ਹੈ।
59716	1406	ਇਕ ਅਰਦਾਸਿ ਭਾਟ ਕੀਰਤਿ ਕੀ ਗੁਰ ਰਾਮਦਾਸ ਰਾਖਹੁ ਸਰਣਾਈ॥੪॥੫੮॥		Eik Aradhaas Bhaatt Keerath Kee Gur Raamadhaas Raakhahu Saranaaee ||4||58||	Keerat the poet offers this one prayer: O Guru Raam Daas, save me! Take me into Your Sanctuary! ||4||58||	'ਕੀਰਤ' ਭੱਟ ਦੀ ਹੁਣ ਇਕ ਬੇਨਤੀ ਹੈ ਕਿ ਹੇ ਗੁਰੂ ਰਾਮਦਾਸ ਜੀ! ਆਪਣੀ ਸਰਨੀ ਰੱਖੋ ॥੪॥੫੮॥
59717	1406	ਮੋਹੁ ਮਲਿ ਬਿਵਸਿ ਕੀਅਉ ਕਾਮੁ ਗਹਿ ਕੇਸ ਪਛਾੜ੍ਹਉ॥	(ਮੱਲਿ) ਪਹਿਲਵਾਨ। (ਬਿ-ਵੱਸਿ) ਵਿਸ਼ੇਸ਼ ਕਰਕੇ ਵੱਸ। ਪਛਾੜ੍ਹਉ: ਪਛਾੜ੍ਹਿਅਉ	Mohu Mal Bivas Keeao Kaam Gehi Kaes Pashhaarryo ||	He has crushed and overpowered emotional attachment. He seized sexual desire by the hair, and threw it down.	(ਹੇ ਗੁਰੂ ਰਾਮਦਾਸ ਜੀ!) ਆਪ ਨੇ 'ਮੋਹ' ਨੂੰ ਮਲ ਕੇ ਕਾਬੂ ਵਿਚ ਕਰ ਲਿਆ ਹੈ, ਅਤੇ 'ਕਾਮ' ਨੂੰ ਕੇਸਾਂ ਤੋਂ ਫੜ ਕੇ ਭੁੰਞੇ ਪਟਕਾਇਆ ਹੈ।

59718	1406	ਕ੍ਰੋਧੁ ਖੰਡਿ ਪਰਚੰਡਿ ਲੋਭੁ ਅਪਮਾਨ ਸਿਉ ਝਾੜ੍ਹਿਉ॥	(ਪਰਚੰਡਿ) ਤਿੱਖਾ। ਝਾੜ੍ਹਿਉ: ਝਾੜ੍ਹਿਅਉ	Krodhh Khandd Parachandd Lobh Apamaan Sio Jhaarryo ||	With His Power, He cut anger into pieces, and sent greed away in disgrace.	(ਤੁਸਾਂ) 'ਕਰੋਧ' ਨੂੰ (ਆਪਣੇ) ਤੇਜ-ਪ੍ਰਾਤਪ ਨਾਲ ਟੋਟੇ ਟੋਟੇ ਕਰ ਦਿਤਾ ਹੈ, ਅਤੇ 'ਲੋਭ' ਨੂੰ ਆਪ ਨੇ ਨਿਰਾਦਰੀ ਨਾਲ ਪਰੇ ਦੁਰਕਾਇਆ ਹੈ।
59719	1406	ਜਨਮੁ ਕਾਲੁ ਕਰ ਜੋੜਿ ਹੁਕਮੁ ਜੋ ਹੋਇ ਸੁ ਮੰਨੈ॥		Janam Kaal Kar Jorr Hukam Jo Hoe S Mannai ||	Life and death, with palms pressed together, respect and obey the Hukam of His Command.	'ਜਨਮ' ਤੇ 'ਮਰਨ' ਹੱਥ ਜੋੜ ਕੇ ਆਪ ਦਾ ਜੋ ਹੁਕਮ ਹੁੰਦਾ ਹੈ ਉਸ ਨੂੰ ਮੰਨਦੇ ਹਨ।
59720	1406	ਭਵ ਸਾਗਰੁ ਬੰਧਿਅਉ ਸਿਖ ਤਾਰੇ ਸੁਪ੍ਰਸੰਨੈ॥	ਨਾਮ ਦਾ ਪੁਲ਼ (ਬੰਧਿਅਉ) ਬੰਨ੍ਹਿਆਂ। ਸੁਪ੍ਰਸੰਨੈ	Bhav Saagar Bandhhiao Sikh Thaarae Suprasannai ||	He brought the terrifying world-ocean under His Control; by His Pleasure, He carried His Sikhs across.	ਆਪ ਨੇ ਸੰਸਾਰ ਸਮੁੰਦਰ ਨੂੰ ਬੰਨ੍ਹ ਦਿੱਤਾ ਹੈ ਅਤੇ ਆਪ ਨੇ, ਜੋ ਸਦਾ ਪ੍ਰਸੰਨ ਰਹਿਣ ਵਾਲੇ ਹੋ, ਸਿੱਖ (ਇਸ ਸੰਸਾਰ-ਸਮੁੰਦਰ ਤੋਂ) ਤਾਰ ਲਏ ਹਨ।
59721	1406	ਸਿਰਿ ਆਤ ਪਤੁ ਸਚੌ ਤਖਤੁ ਜੋਗ ਭੋਗ ਸੰਜੁਤੁ ਬਲਿ॥	(ਆਤ) ਚੌਰ। (ਪਤੁ) ਛਤ੍ਰ। ਸ਼ੁਭ ਗੁਣਾਂ ਦੀ ਫ਼ੌਜ (ਸੰਜੁਤੁ) ਸਹਿਤ। ਸੰ-ਜੁਤ:ਪੋਲਾ ਬੋਲੋ	Sir Aathapath Sacha Thakhath Jog Bhog Sanjuth Bal ||	He is seated upon the Throne of Truth, with the canopy above His Head; He is embellished with the powers of Yoga and the enjoyment of pleasures.	(ਆਪ ਦੇ) ਸਿਰ ਉੱਤੇ ਛਤਰ ਹੈ, (ਆਪ ਦਾ) ਤਖ਼ਤ ਸਦਾ-ਥਿਰ ਹੈ, ਆਪ ਰਾਜ ਤੇ ਜੋਗ ਦੋਵੇਂ ਮਾਣਦੇ ਹੋ, ਤੇ ਬਲੀ ਹੋ।

59722	1406	ਗੁਰ ਰਾਮਦਾਸ ਸਚੁ ਸਲ੍ਹ ਭਣਿ ਤੂ ਅਟਲੁ ਰਾਜਿ ਅਭਗੁ ਦਲਿ॥੧॥	ਗੁਰਮੁਖਿ ਸਲ੍ਹ ਭੱਟ ਜੀ। (ਅ-ਟਲੁ) ਅਭੱਗੁ। ਦਲਿ: ਪੋਲਾ ਬੋਲੋ। ਸਲ੍ਹ:ਸੱਲਿਅ	Gur Raamadhaas Sach Saly Bhan Thoo Attal Raaj Abhag Dhal ||1||	So speaks SALL the poet: O Guru Raam Daas, Your sovereign power is eternal and unbreakable; Your army is invincible. ||1||	ਹੇ ਸਲਜਜ ਕਵੀ! ਤੂੰ ਸੱਚ ਆਖ "ਹੇ ਗੁਰੂ ਰਾਮਦਾਸ! ਤੂੰ ਅਟੱਲ ਰਾਜ ਵਾਲਾ ਤੇ (ਦੈਵੀ ਸੰਪਤੀ ਰੂਪ) ਨਾਹ ਨਾਸ ਹੋਣ ਵਾਲੀ ਫੌਜ ਵਾਲਾ ਹੈਂ" ॥੧॥
59723	1406	ਤੂ ਸਤਿਗੁਰੁ ਚਹੁ ਜੁਗੀ ਆਪਿ ਆਪੇ ਪਰਮੇਸਰੁ॥	ਜੁੱਗੀਂ	Thoo Sathigur Chahu Jugee Aap Aapae Paramaesar ||	You are the True Guru, throughout the four ages; You Yourself are the Transcendent Lord.	ਹੇ ਗੁਰੂ ਰਾਮਦਾਸ! ਤੂੰ ਚਾਰ ਜੁਗਾਂ ਵਿਚ ਹੀ ਥਿਰ ਗੁਰੂ ਹੈਂ, (ਮੇਰੀਆਂ ਨਜ਼ਰਾਂ ਵਿਚ ਤਾਂ) ਤੂੰ ਹੀ ਪਰਮੇਸਰ ਹੈਂ।
59724	1406	ਸੁਰਿ ਨਰ ਸਾਧਿਕ ਸਿਧ ਸਿਖ ਸੇਵੰਤ ਧੁਰਹ ਧੁਰੁ॥	ਕੋਟਿ ਬ੍ਰਹਮੰਡ ਦੀ ਰਚਨਾ ਦੇ (ਧੁਰਹ) ਮੁੱਢ ਦੇ (ਧੁਰੁ) ਆਦਿ ਵਾਹਿਗੁਰੂ ਜੀ ਨੂੰ	Sur Nar Saadhhik Sidhh Sikh Saevanth Dhhureh Dhhur ||	The angelic beings, seekers, Siddhas and Sikhs have served You, since the very beginning of time.	ਦੇਵਤੇ, ਮਨੁੱਖ, ਸਾਧਿਕ, ਸਿੱਧ ਅਤੇ ਸਿੱਖ ਮੁੱਢ ਤੋਂ ਹੀ ਤੈਨੂੰ ਸਿਉਂਦੇ ਆਏ ਹਨ।
59725	1406	ਆਦਿ ਜੁਗਾਦਿ ਅਨਾਦਿ ਕਲਾ ਧਾਰੀ ਤ੍ਰਿਹੁ ਲੋਅਹ॥	ਜੁੱਗਾਦਿ	Aadh Jugaadh Anaadh Kalaa Dhhaaree Thrihu Loah ||	You are the Primal Lord God, from the very beginning, and throughout the ages; Your Power supports the three worlds.	(ਆਪ) ਆਦਿ ਤੋਂ ਹੋ, ਜੁਗਾਂ ਦੇ ਆਦਿ ਤੋਂ ਹੋ, ਅਤੇ ਅਨਾਦੀ ਹੋ। ਤਿੰਨਾਂ ਲੋਕਾਂ ਵਿਚ ਹੀ (ਆਪ ਨੇ ਆਪਣੀ) ਸੱਤਾ ਧਾਰੀ ਹੋਈ ਹੈ।
59726	1406	ਅਗਮ ਨਿਗਮ ਉਧਰਣ ਜਰਾ ਜੰਮਿਹਿ ਆਰੋਅਹ॥	(ਜੰਮਿਹਿ) ਜਨਮ। ਸਾਰਿਆਂ ਸੁਭਾਵਾਂ ਤੇ (ਆਰੋਅਹ) ਅਸਵਾਰ। ਉ-ਧਰਣ	Agam Nigam Oudhharan Jaraa Janmihi Aaroah ||	You are Inaccessible; You are the Saving Grace of the Vedas. You have conquered old age and death.	(ਮੇਰੇ ਵਾਸਤੇ ਤਾਂ ਆਪ ਹੀ ਹੋ ਜਿਸ ਨੇ) ਵੇਦ ਸ਼ਾਸਤਰਾਂ ਨੂੰ ਬਚਾਇਆ ਸੀ (ਵਰਾਹ-ਰੂਪ ਹੋ ਕੇ)। ਆਪ ਬੁਢੇਪੇ ਤੇ ਜਮਾਂ ਉੱਤੇ ਸਵਾਰ ਹੋ (ਭਾਵ, ਆਪ ਨੂੰ ਇਹਨਾਂ ਦਾ ਡਰ ਨਹੀਂ ਹੈ)।

59727	1406	ਗੁਰ ਅਮਰਦਾਸਿ ਥਿਰੁ ਥਪਿਅਉ ਪਰਗਾਮੀ ਤਾਰਣ ਤਰਣ॥	ਔਗੁਣਾਂ ਪਾਪਾਂ ਦੇ ਸਮੁੰਦ੍ਰ ਤੋਂ ਆਪ (ਪਰ-ਗਾਮੀ) ਤਰੇ	Gur Amaradhaas Thhir Thhapiao Paragaamee Thaaran Tharan ||	Guru Amar Daas has permanently established You; You are the Emancipator, to carry all across to the other side.	(ਆਪ ਨੂੰ) ਗੁਰੂ ਅਮਰਦਾਸ (ਜੀ) ਨੇ ਅਟੱਲ ਕਰ ਦਿੱਤਾ ਹੈ, ਆਪ ਮੁਕਤ ਹੋ ਤੇ ਹੋਰਨਾਂ ਨੂੰ ਤਾਰਨ ਲਈ ਜਹਾਜ਼ ਹੋ।
59728	1406	ਅਘ ਅੰਤਕ ਬਦੈ ਨ ਸਲ੍ਹ ਕਵਿ ਗੁਰ ਰਾਮਦਾਸ ਤੇਰੀ ਸਰਣ॥੨॥੬੦॥	(ਅਘ) ਪਾਪ। (ਅੰਤਕ) ਧਰਮਰਾਜਾ।ਸਲ੍ਹ: ਸੱਲਿਅ	Agh Anthak Badhai N Saly Kav Gur Raamadhaas Thaeree Saran ||2||60||	So speaks SALL the poet: O Guru Raam Daas, You are the Destroyer of sins; I seek Your Sanctuary. ||2||60||	ਹੇ ਗੁਰੂ ਰਾਮਦਾਸ! ਸਲਜਜ ਕਵੀ (ਆਖਦਾ ਹੈ)-ਜੋ ਮਨੁੱਖ ਤੇਰੀ ਸਰਨ ਆਇਆ ਹੈ, ਉਹ ਪਾਪਾਂ ਤੇ ਜਮਾਂ ਨੂੰ ਬਦਦਾ ਨਹੀਂ ਹੈ ॥੨॥੬੦॥
59729	1406	ਸਵਈਏ ਮਹਲੇ ਪੰਜਵੇ ਕੇ ੫	੫ ਅੰਕ ਨਹੀਂ ਬੋਲਣਾ ਜੀ	Saveeeae Mehalae Panjavae Kae 5	Swaiyas In Praise Of The Fifth Mehl:	ਗੁਰੂ ਅਰਜਨ ਸਾਹਿਬ ਜੀ ਦੀ ਉਸਤਤਿ ਵਿਚ ਉਚਾਰੇ ਹੋਏ ਸਵਈਏ।
59730	1406	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
59731	1406	ਸਿਮਰੰ ਸੋਈ ਪੁਰਖੁ ਅਚਲੁ ਅਬਿਨਾਸੀ॥	ਅਚੱਲੁ	Simaran Soee Purakh Achal Abinaasee ||	Meditate in remembrance on the Primal Lord God, Eternal and Imperishable.	ਮੈਂ ਉਸ ਅਬਿਨਾਸੀ ਤੇ ਅਚੱਲ ਅਕਾਲ ਪੁਰਖ ਨੂੰ ਸਿਮਰਦਾ ਹਾਂ,
59732	1406	ਜਿਸੁ ਸਿਮਰਤ ਦੁਰਮਤਿ ਮਲੁ ਨਾਸੀ॥		Jis Simarath Dhuramath Mal Naasee ||	Remembering Him in meditation, the filth of evil-mindedness is eradicated.	ਜਿਸ ਦਾ ਸਿਮਰਨ ਕਰਨ ਨਾਲ ਦੁਰਮੱਤ ਦੀ ਮੈਲ ਦੂਰ ਹੋ ਜਾਂਦੀ ਹੈ।

59733	1406	ਸਤਿਗੁਰ ਚਰਣਕਵਲ ਰਿਦਿ ਧਾਰੰ॥		Sathigur Charan Kaval Ridh Dhhaaran ||	I enshrine the Lotus Feet of the True Guru within my heart.	ਮੈਂ ਸਤਿਗੁਰੂ ਦੇ ਕਵਲਾਂ ਵਰਗੇ ਚਰਨ ਹਿਰਦੇ ਵਿਚ ਟਿਕਾਉਂਦਾ ਹਾਂ,
59734	1407	ਗੁਰ ਅਰਜੁਨ ਗੁਣ ਸਹਜਿ ਬਿਚਾਰੰ॥		Gur Arajun Gun Sehaj Bichaaran ||	With intuitive peace and poise, I contemplate the Glorious Virtues of Guru Arjun.	ਤੇ ਪ੍ਰੇਮ ਨਾਲ ਗੁਰੂ ਅਰਜੁਨ ਦੇਵ ਜੀ ਦੇ ਗੁਣ ਵਿਚਾਰਦਾ ਹਾਂ।
59735	1407	ਗੁਰ ਰਾਮਦਾਸ ਘਰਿ ਕੀਅਉ ਪ੍ਰਗਾਸਾ॥		Gur Raamadhaas Ghar Keeao Pragaasaa ||	He was revealed in the House of Guru Raam Daas,	(ਆਪ ਨੇ) ਗੁਰੂ ਰਾਮਦਾਸ (ਜੀ) ਦੇ ਘਰ ਵਿਚ ਜਨਮ ਲਿਆ,
59736	1407	ਸਗਲ ਮਨੋਰਥ ਪੂਰੀ ਆਸਾ॥		Sagal Manorathh Pooree Aasaa ||	And all hopes and desires were fulfilled.	(ਉਹਨਾਂ ਦੇ) ਸਾਰੇ ਮਨੋਰਥ ਤੇ ਆਸਾਂ ਪੂਰੀਆਂ ਹੋਈਆਂ।
59737	1407	ਤੈ ਜਨ ਮਤ ਗੁਰਮਤਿ ਬ੍ਰਹਮੁ ਪਛਾਣਿਓ॥	ਆਪ ਜੀ ਨੇ ਜ(ਨ) ਸੇਵਕ ਦਾਸਨਿ ਦਾਸ ਵਾਲੀ (ਗੁਰਮਤਿ) ਮਤਿ ਕਰਕੇ ਪੂਰਨ ਬ੍ਰਹਮ ਜੀ ਪਛਾਣ ਲਏ	Thai Janamath Guramath Breham Pashhaaniou ||	From birth, He realized God through the Guru's Teachings.	ਜਨਮ ਤੋਂ ਹੀ ਆਪ ਨੇ ਗੁਰੂ ਦੀ ਮੱਤ ਦੁਆਰਾ ਬ੍ਰਹਮ ਨੂੰ ਪਛਾਣਿਆ ਹੈ (ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਹੋਈ ਹੈ),
59738	1407	ਕਲ੍ਯ ਜੋੜਿ ਕਰ ਸੁਜਸੁ ਵਖਾਣਿਓ॥	ਕੱਲਿਅ। ਸੁ-ਜਸੁ	Kaly Jorr Kar Sujas Vakhaaniou ||	With palms pressed together, KALL the poet speaks His praises.	(ਹੇ ਗੁਰੂ ਅਰਜੁਨ!) ਕਲਜਜ ਕਵੀ ਹੱਥ ਜੋੜ ਕੇ (ਆਪ ਦੀ) ਸਿਫ਼ਤ ਉਚਾਰਦਾ ਹੈ।

59739	1407	ਭਗਤਿ ਜੋਗ ਕੌ ਜੈਤਵਾਰੁ ਹਰਿ ਜਨਕੁ ਉਪਾਯਉ॥	(ਜੈਤਵਾਰੁ) ਜਿੱਤਣ ਵਾਲੇ। ਪਰਮ ਪੂਜਨੀਕ (ਜਨਕੁ) ਪਿਤਾ ਬ੍ਰਹਮ ਸਰੂਪ। ਉਪਾ-ਯਉ: ਯ ਤਾਲੂ ਤੋਂ ਬੋਲੋ।	Bhagath Jog Ka Jaithavaar Har Janak Oupaayo ||	The Lord brought Him into the world, to practice the Yoga of devotional worship.	ਆਪ ਨੇ ਭਗਤੀ ਦੇ ਜੋਗ ਨੂੰ ਜਿੱਤ ਲਿਆ ਹੈ (ਭਾਵ, ਆਪ ਨੇ ਭਗਤੀ ਦਾ ਮਿਲਾਪ ਪਾ ਲਿਆ ਹੈ)। ਹਰੀ ਨੇ (ਆਪ ਨੂੰ) 'ਜਨਕ' ਪੈਦਾ ਕੀਤਾ ਹੈ।
59740	1407	ਸਬਦੁ ਗੁਰੂ ਪਰਕਾਸਿਓ ਹਰਿ ਰਸਨ ਬਸਾਯਉ॥		Sabadh Guroo Parakaasiou Har Rasan Basaayo ||	The Word of the Guru's Shabad has been revealed, and the Lord dwells on His tongue.	(ਆਪ ਨੇ) ਗੁਰੂ ਸ਼ਬਦ ਨੂੰ ਪਰਗਟ ਕੀਤਾ ਹੈ, ਤੇ ਹਰੀ ਨੂੰ (ਆਪ ਨੇ) ਜੀਭ ਉੱਤੇ ਵਸਾਇਆ ਹੈ।
59741	1407	ਗੁਰ ਨਾਨਕ ਅੰਗਦ ਅਮਰ ਲਾਗਿ ਉਤਮ ਪਦੁ ਪਾਯਉ॥	ਪਾ-ਯਉ	Gur Naanak Angadh Amar Laag Outham Padh Paayo ||	Attached to Guru Nanak, Guru Angad and Guru Amar Daas, He attained the supreme status.	ਗੁਰੂ ਨਾਨਕ ਦੇਵ, ਗੁਰੂ ਅੰਗਦ ਸਾਹਿਬ ਅਤੇ ਗੁਰੂ ਅਮਰਦਾਸ ਜੀ ਦੀ ਚਰਨੀਂ ਲੱਗ ਕੇ, (ਗੁਰੂ ਅਰਜੁਨ ਸਾਹਿਬ ਜੀ ਨੇ) ਉੱਤਮ ਪਦਵੀ ਪਾਈ ਹੈ;
59742	1407	ਗੁਰੁ ਅਰਜੁਨੁ ਘਰਿ ਗੁਰ ਰਾਮਦਾਸ ਭਗਤ ਉਤਰਿ ਆਯਉ॥੧॥	ਆ-ਯਉ	Gur Arajun Ghar Gur Raamadhaas Bhagath Outhar Aayo ||1||	In the House of Guru Raam Daas, the devotee of the Lord, Guru Arjun was born. ||1||	ਗੁਰੂ ਰਾਮਦਾਸ (ਜੀ) ਦੇ ਘਰ ਵਿਚ ਗੁਰੂ ਅਰਜੁਨ ਭਗਤ ਜੰਮ ਪਿਆ ਹੈ ॥੧॥

59743	1407	ਬਡਭਾਗੀ ਉਨਮਾਨਿਅਉ ਰਿਦਿ ਸਬਦੁ ਬਸਾਯਉ॥	(ਉਨ-ਮਾਨਿਅਉ) ਵਿਚਾਰਿਆ। ਬਸਾ-ਯਉ: ਯ ਤਾਲੂ ਤੋਂ ਬੋਲੋ।	Baddabhaagee Ounamaaniao Ridh Sabadh Basaayo ||	By great good fortune, the mind is uplifted and exalted, and the Word of the Shabad dwells in the heart.	(ਗੁਰੂ ਅਰਜੁਨ) ਵੱਡੇ ਵਾਗਾਂ ਵਾਲਾ ਹੈ, ਪੂਰਨ ਖਿੜਾਉ ਵਿਚ ਹੈ। (ਆਪ ਨੇ) ਹਿਰਦੇ ਵਿਚ ਸ਼ਬਦ ਵਸਾਇਆ ਹੈ;
59744	1407	ਮਨੁ ਮਾਣਕੁ ਸੰਤੋਖਿਅਉ ਗੁਰਿ ਨਾਮੁ ਦ੍ਰਿੜਾਯਉ॥	ਦ੍ਰਿੜਾ-ਯਉ	Man Maanak Santhokhiao Gur Naam Dhrirrhaayo ||	The jewel of the mind is contented; the Guru has implanted the Naam, the Name of the Lord, within.	(ਆਪ ਨੇ ਆਪਣੇ) ਮਾਣਕ-ਰੂਪ ਮਨ ਨੂੰ ਸੰਤੋਖ ਵਿਚ ਟਿਕਾਇਆ ਹੈ; ਗੁਰੂ (ਰਾਮਦਾਸ ਜੀ) ਨੇ (ਆਪ ਨੂੰ) ਨਾਮ ਦ੍ਰਿੜ੍ਹ ਕਰਾਇਆ ਹੈ।
59745	1407	ਅਗਮੁ ਅਗੋਚਰੁ ਪਾਰਬ੍ਰਹਮੁ ਸਤਿਗੁਰਿ ਦਰਸਾਯਉ॥	ਦਰਸਾ-ਯਉ	Agam Agochar Paarabreham Sathigur Dharasaayo ||	The Inaccessible and Unfathomable, Supreme Lord God is revealed through the True Guru.	ਸਤਿਗੁਰੂ (ਰਾਮਦਾਸ ਜੀ) ਨੇ (ਆਪ ਨੂੰ) ਅਗਮ ਅਗੋਚਰ ਪਾਰਬ੍ਰਹਮ ਵਿਖਾਲ ਦਿੱਤਾ ਹੈ।
59746	1407	ਗੁਰੁ ਅਰਜੁਨੁ ਘਰਿ ਗੁਰ ਰਾਮਦਾਸ ਅਨਭਉ ਠਹਰਾਯਉ॥੨॥	ਅਨ-ਭਉ। ਠਹਰਾ-ਯਉ: ਯ ਤਾਲੂ ਤੋਂ ਬੋਲੋ।	Gur Arajun Ghar Gur Raamadhaas Anabho Theharaayo ||2||	In the House of Guru Raam Daas, Guru Arjun has appeared as the Embodiment of the Fearless Lord. ||2||	ਗੁਰੂ ਰਾਮਦਾਸ (ਜੀ) ਦੇ ਘਰ ਵਿਚ ਅਕਾਲ ਪੁਰਖ ਨੇ ਗੁਰੂ ਅਰਜੁਨ (ਜੀ) ਨੂੰ ਗਿਆਨ-ਰੂਪ ਥਾਪਿਆ ਹੈ ॥੨॥

59747	1407	ਜਨਕ ਰਾਜੁ ਬਰਤਾਇਆ ਸਤਜੁਗੁ ਆ ਲੀਣਾ॥	ਸੱਤਜੁਗੁ	Janak Raaj Barathaaeiaa Sathajug Aaleenaa ||	The benign rule of Raja Janak has been established, and the Golden Age of Sat Yuga has begun.	(ਗੁਰੂ ਅਰਜੁਨ ਸਾਹਿਬ ਨੇ) ਗਿਆਨ ਦਾ ਰਾਜ ਵਰਤਾ ਦਿੱਤਾ ਹੈ, (ਹੁਣ ਤਾਂ) ਸਤਿਜੁਗ ਵਰਤ ਰਿਹਾ ਹੈ।
59748	1407	ਗੁਰ ਸਬਦੇ ਮਨੁ ਮਾਨਿਆ ਅਪਤੀਜੁ ਪਤੀਣਾ॥	(ਅ-ਪਤੀਜੁ) ਨਾ ਪਤੀਜਣ ਵਾਲਾ ਮਨ। (ਪਤੀਣਾ) ਪਤੀਜ ਗਿਆ।	Gur Sabadhae Man Maaniaa Apatheej Patheenaa ||	Through the Word of the Guru's Shabad, the mind is pleased and appeased; the unsatisfied mind is satisfied.	(ਆਪ ਦਾ) ਮਨ ਗੁਰੂ ਦੇ ਸ਼ਬਦ ਵਿਚ ਮੰਨਿਆ ਹੋਇਆ ਹੈ, ਤੇ ਇਹ ਨਾਹ ਪਤੀਜਣ ਵਾਲਾ ਮਨ ਪਤੀਜ ਗਿਆ ਹੈ।
59749	1407	ਗੁਰੁ ਨਾਨਕੁ ਸਚੁ ਨੀਵ ਸਾਜਿ ਸਤਿਗੁਰ ਸੰਗਿ ਲੀਣਾ॥		Gur Naanak Sach Neev Saaj Sathigur Sang Leenaa ||	Guru Nanak laid the foundation of Truth; He is blended with the True Guru.	ਗੁਰੂ ਨਾਨਕ ਦੇਵ ਆਪ 'ਸਚੁ'-ਰੂਪ ਨੀਂਹ ਉਸਾਰ ਕੇ ਗੁਰੂ (ਅਰਜੁਨ ਦੇਵ ਜੀ) ਵਿਚ ਲੀਨ ਹੋ ਗਿਆ ਹੈ।
59750	1407	ਗੁਰੁ ਅਰਜੁਨੁ ਘਰਿ ਗੁਰ ਰਾਮਦਾਸ ਅਪਰੰਪਰੁ ਬੀਣਾ॥੩॥	ਅਪ-ਰੰਪਰ	Gur Arajun Ghar Gur Raamadhaas Aparanpar Beenaa ||3||	In the House of Guru Raam Daas, Guru Arjun has appeared as the Embodiment of the Infinite Lord. ||3||	ਗੁਰੂ ਰਾਮਦਾਸ (ਜੀ) ਦੇ ਘਰ ਵਿਚ ਗੁਰੂ ਅਰਜੁਨ ਦੇਵ ਅਪਰੰਪਰ-ਰੂਪ ਬਣਿਆ ਹੋਇਆ ਹੈ ॥੩॥

59751	1407	ਖੇਲੁ ਗੂੜ੍ਹਉ ਕੀਅਉ ਹਰਿ ਰਾਇ ਸੰਤੋਖਿ ਸਮਾਚਰ੍ਯਿਓ ਬਿਮਲ ਬੁਧਿ ਸਤਿਗੁਰਿ ਸਮਾਣਉ॥	ਪੱਕੇ (ਗੂੜ੍ਹਉ) ਗਾੜ੍ਹੇ ਪ੍ਰੇਮ ਦਾ।ਸਮਾਚਰ੍ਯਿਓ: ਸਮਾ-ਚਰਿਅਓ। (ਸਮਾਚਰ੍ਯਿਓ) ਭਲੀ ਪ੍ਰਕਾਰ ਪ੍ਰਾਪਤ ਕੀਤਾ ਸੰਤੋਖਿ।ਖੇਲੁ	Khael Goorrho Keeao Har Raae Santhokh Samaachariyou Bimal Budhh Sathigur Samaano ||	The Sovereign Lord King has staged this wondrous play; contentment was gathered together, and pure understanding was infused in the True Guru.	ਅਕਾਲ ਪੁਰਖ ਨੇ (ਇਹ) ਅਸਚਰਜ ਖੇਡ ਰਚੀ ਹੈ, (ਗੁਰੂ ਅਰਜੁਨ) ਸੰਤੋਖ ਵਿਚ ਵਿਚਰ ਰਿਹਾ ਹੈ। ਨਿਰਮਲ ਬੁੱਧੀ ਗੁਰੂ (ਅਰਜੁਨ) ਵਿਚ ਸਮਾਈ ਹੋਈ ਹੈ।
59752	1407	ਆਜੋਨੀ ਸੰਭਵਿਅਉ ਸੁਜਸੁ ਕਲ੍ਯ ਕਵੀਅਣਿ ਬਖਾਣਿਅਉ॥	(ਸੰ-ਭਵਿਅਉ) ਪ੍ਰਗਟ ਹੋਏ।ਸੁ-ਜਸੁ। ਕਲ੍ਯ: ਕੱਲਿਅ	Aajonee Sanbhaviao Sujas Kaly Kaveean Bakhaaniao ||	KALL the poet utters the Praises of the Unborn, Self-existent Lord.	ਆਪ ਜੂਨਾਂ ਤੋਂ ਰਹਤ ਤੇ ਸੁਤੇ-ਪ੍ਰਕਾਸ਼ ਹਰੀ ਦਾ ਰੂਪ ਹਨ। ਕਲਜਜ ਆਦਿਕ ਕਵੀਆਂ ਨੇ (ਆਪ ਦਾ) ਸੁੰਦਰ ਜਸ ਉਚਾਰਿਆ ਹੈ।
59753	1407	ਗੁਰਿ ਨਾਨਕਿ ਅੰਗਦੁ ਵਰ੍ਯਉ ਗੁਰਿ ਅੰਗਦਿ ਅਮਰ ਨਿਧਾਨੁ॥	ਵਰ੍ਯਉ: ਵਰਿਅਉ	Gur Naanak Angadh Varyo Gur Angadh Amar Nidhhaan ||	Guru Nanak blessed Guru Angad, and Guru Angad blessed Guru Amar Daas with the treasure.	ਗੁਰੂ ਨਾਨਕ (ਦੇਵ ਜੀ) ਨੇ ਗੁਰੂ ਅੰਗਦ ਨੂੰ ਵਰ ਬਖ਼ਸ਼ਿਆ; ਗੁਰੂ ਅੰਗਦ (ਦੇਵ ਜੀ) ਨੇ (ਸਭ ਪਦਾਰਥਾਂ ਦਾ) ਖ਼ਜ਼ਾਨਾ (ਗੁਰੂ) ਅਮਰਦਾਸ (ਜੀ) ਨੂੰ ਦਿੱਤਾ।
59754	1407	ਗੁਰਿ ਰਾਮਦਾਸ ਅਰਜੁਨੁ ਵਰ੍ਯਉ ਪਾਰਸੁ ਪਰਸੁ ਪ੍ਰਮਾਣੁ॥੪॥		Gur Raamadhaas Arajun Varyo Paaras Paras Pramaan ||4||	Guru Raam Daas blessed Guru Arjun, who touched the Philosopher's Stone, and was certified. ||4||	ਗੁਰੂ ਰਾਮਦਾਸ ਜੀ ਨੇ (ਗੁਰੂ) ਅਰਜੁਨ (ਸਾਹਿਬ ਜੀ) ਨੂੰ ਵਰ ਦਿੱਤਾ; ਅਤੇ ਉਹਨਾਂ (ਦੇ ਚਰਨਾਂ) ਨੂੰ ਛੁਹਣਾ ਪਾਰਸ ਦੀ ਛੋਹ ਵਰਗਾ ਹੋ ਗਿਆ ਹੈ ॥੪॥

59755	1407	ਸਦ ਜੀਵਣੁ ਅਰਜੁਨੁ ਅਮੋਲੁ ਆਜੋਨੀ ਸੰਭਉ॥	ਸ੍ਰਬ ਵਿਆਪੀ ਅਜਪਾ ਜਾਪ ਅਨਤ ਕਲਾਵਾਨ ਮਹਾਂ ਮਹਾਂ ਵਿਸਮਾਦ (ਸੰ-ਭਉ) ਪ੍ਰਕਾਸ਼ ਸਰੂਪ, ਸਭ ਦੇ ਅੰਦਰ ਬਾਹਰ ਸਭ ਨੂੰ ਪ੍ਰਕਾਸ਼ ਰਹੇ ਹਨ	Sadh Jeevan Arajun Amol Aajonee Sanbho ||	O Guru Arjun, You are Eternal, Invaluable, Unborn, Self-existent,	(ਗੁਰੂ) ਅਰਜਨ (ਸਾਹਿਬ) ਸਦ-ਜੀਵੀ ਹੈ, (ਆਪ ਦਾ) ਮੁੱਲ ਨਹੀਂ ਪੈ ਸਕਦਾ, (ਆਪ) ਜੂਨਾਂ ਤੋਂ ਰਹਤ ਤੇ ਸੁਤੇ ਪ੍ਰਕਾਸ਼ ਹਰੀ ਦਾ ਰੂਪ ਹਨ;
59756	1407	ਭਯ ਭੰਜਨੁ ਪਰ ਦੁਖ ਨਿਵਾਰੁ ਅਪਾਰੁ ਅਨੰਭਉ॥	ਭ-ਯ। (ਅਨੰ-ਭਉ) ਨਿਰਭਉ	Bhay Bhanjan Par Dhukh Nivaar Apaar Ananbho ||	The Destroyer of fear, the Dispeller of pain, Infinite and Fearless.	(ਗੁਰੂ ਅਰਜਨ) ਭੈ ਦੂਰ ਕਰਨ ਵਾਲਾ, ਪਰਾਏ ਦੁੱਖ ਹਰਨ ਵਾਲਾ, ਬੇਅੰਤ ਤੇ ਗਿਆਨ-ਸਰੂਪ ਹੈ।
59757	1407	ਅਗਹ ਗਹਣੁ ਭ੍ਰਮੁ ਭ੍ਰਾਂਤਿ ਦਹਣੁ ਸੀਤਲੁ ਸੁਖ ਦਾਤਉ॥	ਸੁਖ-ਦਾਤਉ	Ageh Gehan Bhram Bhraanth Dhehan Seethal Sukh Dhaatho ||	You have grasped the Ungraspable, and burnt away doubt and skepticism. You bestow cooling and soothing peace.	(ਗੁਰੂ ਅਰਜਨ ਸਾਹਿਬ ਜੀ ਦੀ) ਉਸ ਹਰੀ ਤਕ ਪਹੁੰਚ ਹੈ ਜੋ (ਜੀਵਾਂ ਦੀ) ਪਹੁੰਚ ਤੋਂ ਪਰੇ ਹੈ, (ਗੁਰੂ ਅਰਜਨ) ਭਰਮ ਤੇ ਭਟਕਣਾ ਨੂੰ ਦੂਰ ਕਰਨ ਵਾਲਾ ਹੈ, ਸੀਤਲ ਹੈ ਤੇ ਸੁਖਾਂ ਦੇ ਦੇਣ ਵਾਲਾ ਹੈ;
59758	1407	ਆਸੰਭਉ ਉਦਵਿਅਉ ਪੁਰਖੁ ਪੂਰਨ ਬਿਧਾਤਉ॥	ਸ੍ਰਬ ਵਿਆਪੀ ਅਜਪਾ ਜਾਪ ਅਨਤ ਕਲਾਵਾਨ ਮਹਾਂ ਮਹਾਂ ਵਿਸਮਾਦ (ਆ-ਸੰਭਉ) ਪ੍ਰਕਾਸ਼ ਸਰੂਪ ਅਸਚਰਜ ਸਰੂਪ। (ਉਦਵਿ-ਅਉ) ਪ੍ਰਗਟ ਹੋਇ	Aasanbho Oudhaviao Purakh Pooran Bidhhaatho ||	The Self-existent, Perfect Primal Lord God Creator has taken birth.	(ਮਾਨੋ) ਅਜਨਮਾ, ਪੂਰਨ ਪੁਰਖ ਸਿਰਜਣਹਾਰ ਪ੍ਰਗਟ ਹੋ ਪਿਆ ਹੈ।

59759	1407	ਨਾਨਕ ਆਦਿ ਅੰਗਦ ਅਮਰ ਸਤਿਗੁਰ ਸਬਦਿ ਸਮਾਇਅਉ॥		Naanak Aadh Angadh Amar Sathigur Sabadh Samaaeiao ||	First, Guru Nanak, then Guru Angad and Guru Amar Daas, the True Guru, have been absorbed into the Word of the Shabad.	ਗੁਰੂ ਨਾਨਕ, ਗੁਰੂ ਅੰਗਦ ਤੇ ਗੁਰੂ ਅਮਰਦਾਸ ਜੀ ਦੀ ਬਰਕਤਿ ਨਾਲ, (ਗੁਰੂ ਅਰਜਨ ਦੇਵ) ਸਤਿਗੁਰੂ ਦੇ ਸ਼ਬਦ ਵਿਚ ਲੀਨ ਹੈ।
59760	1407	ਧਨੁ ਧੰਨੁ ਗੁਰੂ ਰਾਮਦਾਸ ਗੁਰੁ ਜਿਨਿ ਪਾਰਸੁ ਪਰਸਿ ਮਿਲਾਇਅਉ॥੫॥	ਮਿਲਾਇ-ਅਉ	Dhhan Dhhann Guroo Raamadhaas Gur Jin Paaras Paras Milaaeiao ||5||	Blessed, blessed is Guru Raam Daas, the Philosopher's Stone, who transformed Guru Arjun unto Himself. ||5||	ਗੁਰੂ ਰਾਮਦਾਸ ਜੀ ਧੰਨ ਹੈ, ਜਿਸ ਨੇ ਗੁਰੂ (ਅਰਜਨ ਜੀ ਨੂੰ) ਪਰਸ ਕੇ ਪਾਰਸ ਬਣਾ ਕੇ ਆਪਣੇ ਵਰਗਾ ਕਰ ਲਿਆ ਹੈ ॥੫॥
59761	1407	ਜੈ ਜੈਕਾਰੁ ਜਾਸੁ ਜਗ ਅੰਦਰਿ ਮੰਦਰਿ ਭਾਗੁ ਜੁਗਤਿ ਸਿਵ ਰਹਤਾ॥	(ਸਿਵ) ਕਲਿਆਣ ਸਰੂਪ ਵਾਹਿਗੁਰੂ ਜੀ	Jai Jai Kaar Jaas Jag Andhar Mandhar Bhaag Jugath Siv Rehathaa ||	His victory is proclaimed all over the world; His Home is blessed with good fortune; He remains united with the Lord.	ਜਿਸ ਗੁਰੂ ਦੀ ਮਹਿਮਾ ਜਗਤ ਵਿਚ ਹੋ ਰਹੀ ਹੈ, ਜਿਸ ਦੇ ਹਿਰਦੇ ਵਿਚ ਭਾਗ ਜਾਗ ਪਿਆ ਹੈ, ਜੋ ਹਰੀ ਨਾਲ ਜੁੜਿਆ ਰਹਿੰਦਾ ਹੈ,
59762	1407	ਗੁਰੁ ਪੂਰਾ ਪਾਯਉ ਬਡਭਾਗੀ ਲਿਵ ਲਾਗੀ ਮੇਦਨਿ ਭਰੁ ਸਹਤਾ॥	ਪਾ-ਯਉ: ਯ ਤਾਲੂ ਤੋਂ ਬੋਲੋ।	Gur Pooraa Paayo Badd Bhaagee Liv Laagee Maedhan Bhar Sehathaa ||	By great good fortune, He has found the Perfect Guru; He remains lovingly attuned to Him, and endures the load of the earth.	(ਜਿਸ ਨੇ) ਵੱਡੇ ਭਾਗਾਂ ਨਾਲ ਪੂਰਾ ਗੁਰੂ ਲੱਭ ਲਿਆ ਹੈ, (ਜਿਸ ਦੀ) ਬ੍ਰਿਤੀ (ਹਰੀ ਵਿਚ) ਜੁੜੀ ਰਹਿੰਦੀ ਹੈ, ਤੇ ਜੋ ਧਰਤੀ ਦਾ ਭਾਰ ਸਹਿ ਰਿਹਾ ਹੈ;

59763	1407	ਭਯ ਭੰਜਨੁ ਪਰ ਪੀਰ ਨਿਵਾਰਨੁ ਕਲ੍ਯ ਸਹਾਰੁ ਤੋਹਿ ਜਸੁ ਬਕਤਾ॥	ਭ-ਯ। ਗੁਰਮੁਖਿ ਕਲ੍ਯ ਸਹਾਰੁ ਭੱਟ। ਕਲ੍ਯ: ਕੱਲਿਅ	Bhay Bhanjan Par Peer Nivaaran Kaly Sehaar Thohi Jas Bakathaa ||	He is the Destroyer of fear, the Eradicator of the pains of others. Kall Sahaar the poet utters Your Praise, O Guru.	(ਹੇ ਗੁਰੂ ਅਰਜੁਨ ਜੀ!) ਤੂੰ ਭੈ ਦੂਰ ਕਰਨ ਵਾਲਾ, ਪਰਾਈ ਪੀੜ ਹਰਨ ਵਾਲਾ ਹੈਂ, ਕਵੀ ਕਲਜਸਹਾਰ ਤੇਰਾ ਜਸ ਆਖਦਾ ਹੈ।
59764	1407	ਕੁਲਿ ਸੋਢੀ ਗੁਰ ਰਾਮਦਾਸ ਤਨੁ ਧਰਮ ਧੁਜਾ ਅਰਜੁਨੁ ਹਰਿ ਭਗਤਾ॥੬॥	ਗੁਰਮੁਖਿ ਤਨੁ ਸਪੁੱਤ੍ਰ। ਸ੍ਰਬ ਵਿਆਪੀ ਅਜਪਾ ਜਾਪ ਅਨਤ ਕਲਾਵਾਨ ਮਹਾਂ ਮਹਾਂ ਵਿਸਮਾਦ ਪ੍ਰਕਾਸ਼ ਸਰੂਪ ਧਰਮਬ੍ਰਹਮ ਦੇ (ਧੁਜਾ) ਨਿਸ਼ਾਨ ਸਾਹਿਬ	Kul Sodtee Gur Raamadhaas Than Dhharam Dhhujaa Arajun Har Bhagathaa ||6||	In the Sodhi family, is born Arjun, the son of Guru Raam Daas, the holder of the banner of Dharma and the devotee of God. ||6||	ਗੁਰੂ ਅਰਜਨ ਸਾਹਿਬ ਗੁਰੂ ਰਾਮਦਾਸ ਜੀ ਦਾ ਪੁੱਤਰ, ਸੋਢੀ ਕੁਲ ਵਿਚ ਧਰਮ ਦੇ ਝੰਡੇ ਵਾਲਾ, ਹਰੀ ਦਾ ਭਗਤ ਹੈ ॥੬॥
59765	1407	ਧ੍ਰੰਮ ਧੀਰੁ ਗੁਰਮਤਿ ਗਭੀਰੁ ਪਰ ਦੁਖ ਬਿਸਾਰਣੁ॥		Dhhranm Dhheer Guramath Gabheer Par Dhukh Bisaaran ||	The Support of the Dharma, immersed in the deep and profound Teachings of the Guru, the Remover of the pains of others.	(ਗੁਰੂ ਅਰਜਨ ਦੇਵ ਜੀ ਨੇ) ਧੀਰਜ ਨੂੰ ਆਪਣਾ ਧਰਮ ਬਣਾਇਆ ਹੋਇਆ ਹੈ, (ਗੁਰੂ ਅਰਜਨ) ਗੁਰਮੱਤ ਵਿਚ ਡੂੰਘਾ ਹੈ, ਪਰਾਏ ਦੁੱਖ ਦੂਰ ਕਰਨ ਵਾਲਾ ਹੈ,
59766	1407	ਸਬਦ ਸਾਰੁ ਹਰਿ ਸਮ ਉਦਾਰੁ ਅਹੰਮੇਵ ਨਿਵਾਰਣੁ॥		Sabadh Saar Har Sam Oudhaar Ahanmaev Nivaaran ||	The Shabad is excellent and sublime, kind and generous like the Lord, the Destroyer of egotism.	ਸ੍ਰੇਸ਼ਟ ਸ਼ਬਦ ਵਾਲਾ ਹੈ, ਹਰੀ ਵਰਗਾ ਉਦਾਰ-ਚਿੱਤ ਹੈ, ਅਤੇ ਹਉਮੈ ਨੂੰ ਦੂਰ ਕਰਦਾ ਹੈ।

59767	1407	ਮਹਾ ਦਾਨਿ ਸਤਿਗੁਰ ਗਿਆਨਿ ਮਨਿ ਚਾਉ ਨ ਹੁਟੈ॥		Mehaa Dhaan Sathigur Giaan Man Chaao N Huttai ||	The Great Giver, the spiritual wisdom of the True Guru, His mind does not grow weary of its yearning for the Lord.	(ਆਪ) ਬੜੇ ਦਾਨੀ ਹਨ, ਗੁਰੂ ਦੇ ਗਿਆਨ ਵਾਲੇ ਹਨ, (ਆਪ ਦੇ) ਮਨ ਵਿਚੋਂ ਉਤਸ਼ਾਹ ਕਦੇ ਘੱਟ ਨਹੀਂ ਹੁੰਦਾ।
59768	1407	ਸਤਿਵੰਤੁ ਹਰਿ ਨਾਮੁ ਮੰਤ੍ਰੁ ਨਵ ਨਿਧਿ ਨ ਨਿਖੁਟੈ॥		Sathivanth Har Naam Manthra Nav Nidhh N Nikhuttai ||	The Embodiment of Truth, the Mantra of the Lord's Name, the nine treasures are never exhausted.	(ਆਪ) ਸਤਿਵੰਤ ਹਨ, ਹਰੀ ਦਾ ਨਾਮ-ਰੂਪ ਮੰਤ੍ਰ (ਜੋ, ਮਾਨੋ,) ਨੌ ਨਿਧੀਆਂ (ਹੈ ਆਪ ਦੇ ਖ਼ਜ਼ਾਨੇ ਵਿਚੋਂ) ਕਦੇ ਮੁੱਕਦਾ ਨਹੀਂ ਹੈ।
59769	1407	ਗੁਰ ਰਾਮਦਾਸ ਤਨੁ ਸਰਬ ਮੈ ਸਹਜਿ ਚੰਦੋਆ ਤਾਣਿਅਉ॥	ਸਰਬ (ਮੈ) ਸਰੂਪ ਹੋ ਕੇ। ਮੈ: ਬਿੰਦੀ ਨ ਲਾ।ਤਾ-ਣਿਅਉ	Gur Raamadhaas Than Sarab Mai Sehaj Chandhoaa Thaaniao ||	O Son of Guru Raam Daas, You are contained amidst all; the canopy of intuitive wisdom is spread above You.	ਗੁਰੂ ਰਾਮਦਾਸ ਜੀ ਦਾ ਸਪੁਤ੍ਰ (ਗੁਰੂ ਅਰਜਨ ਜੀ) ਸਰਬ-ਵਿਆਪਕ (ਦਾ ਰੂਪ) ਹੈ; (ਆਪ ਨੇ) ਆਤਮਕ ਅਡੋਲਤਾ ਵਿਚ (ਆਪਣਾ) ਚੰਦੋਆ ਤਾਣਿਆ ਹੋਇਆ ਹੈ (ਭਾਵ, ਆਪ ਸਹਜ ਰੰਗ ਵਿਚ ਆਨੰਦ ਲੈ ਰਹੇ ਹਨ)।
59770	1407	ਗੁਰ ਅਰਜੁਨ ਕਲ੍ਯੁਚਰੈ ਤੈ ਰਾਜ ਜੋਗ ਰਸੁ ਜਾਣਿਅਉ॥੭॥	ਜਦੋਂ ਅੱਧੇ ਯੱਯੇ ਹੇਠਾਂ ਔਂਕੜ, ਤਦੋਂ ਅੱਧੇ ਊੜੇ ਔਂਕੜ ਲਾ ਕੇ ਊੜਾ ਪੋਲਾ ਬੋਲੋ। ਕਲ੍ਯੁਚਰੈ: ਕਲਉੱਚਰੈ। (ਕਲ੍ਯੁਚਰੈ) ਗੁਰਮੁਖਿ ਕਲ ਭੱਟ ਉਚਾਰਦੇ ਹਨ ਤੈਂ। ਜਾ-ਣਿਅਉ	Gur Arajun Kalyaacharai Thai Raaj Jog Ras Jaaniao ||7||	So speaks KALL the poet: O Guru Arjun, You know the sublime essence of Raja Yoga, the Yoga of meditation and success. ||7||	ਕਲਜਜ ਕਵੀ ਆਖਦਾ ਹੈ, "ਹੇ ਗੁਰੂ ਅਰਜਨ ਦੇਵ! ਤੂੰ ਰਾਜ ਅਤੇ ਜੋਗ ਦਾ ਆਨੰਦ ਸਮਝ ਲਿਆ ਹੈ" (ਮਾਣ ਰਿਹਾ ਹੈਂ) ॥੭॥

59771	1408	ਭੈ ਨਿਰਭਉ ਮਾਣਿਅਉ ਲਾਖ ਮਹਿ ਅਲਖੁ ਲਖਾਯਉ॥	ਅ-ਲਖੁ: ਪੋਲਾ ਬੋਲੋ। ਲਖਾ-ਯਉ: ਯ ਤਾਲੂ ਤੋਂ ਬੋਲੋ	Bhai Nirabho Maaniao Laakh Mehi Alakh Lakhaayo ||	In the Fear of God, You enjoy the Fearless Lord; among the thousands of beings, You see the Unseen Lord.	(ਗੁਰੂ ਅਰਜੁਨ ਦੇਵ ਜੀ ਨੇ) ਉਸ ਹਰੀ ਨੂੰ ਮਾਣਿਆ ਹੈ, ਜਿਸ ਨੂੰ ਕੋਈ ਡਰ ਪੋਹ ਨਹੀਂ ਸਕਦਾ, ਤੇ ਜੋ ਲੱਖਾਂ ਵਿਚ ਰਮਿਆ ਹੋਇਆ ਹੈ।
59772	1408	ਅਗਮੁ ਅਗੋਚਰ ਗਤਿ ਗਭੀਰੁ ਸਤਿਗੁਰਿ ਪਰਚਾਯਉ॥		Agam Agochar Gath Gabheer Sathigur Parachaayo ||	Through the True Guru, You have realized the state of the Inaccessible, Unfathomable, Profound Lord.	ਗੁਰੂ (ਰਾਮਦਾਸ ਜੀ) ਨੇ ਆਪ ਨੂੰ ਉਸ ਹਰੀ ਦਾ ਉਪਦੇਸ਼ ਦਿੱਤਾ ਹੈ ਜੋ ਅਗੰਮ ਹੈ, ਗੰਭੀਰ ਹੈ ਤੇ ਜਿਸ ਦੀ ਹਸਤੀ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ।
59773	1408	ਗੁਰ ਪਰਚੈ ਪਰਵਾਣੁ ਰਾਜ ਮਹਿ ਜੋਗੁ ਕਮਾਯਉ॥		Gur Parachai Paravaan Raaj Mehi Jog Kamaayo ||	Meeting with the Guru, You are certified and approved; You practice Yoga in the midst of wealth and power.	ਗੁਰੂ ਦੇ ਉਪਦੇਸ਼ ਦੇ ਕਾਰਨ ਆਪ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਹੋ ਗਏ ਹੋ, ਆਪ ਨੇ ਰਾਜ ਵਿਚ ਜੋਗ ਕਮਾਇਆ ਹੈ।
59774	1408	ਧੰਨਿ ਧੰਨਿ ਗੁਰੁ ਧੰਨਿ ਅਭਰ ਸਰ ਸੁਭਰ ਭਰਾਯਉ॥	ਅ-ਭਰ।ਭਰਾ-ਯਉ: ਯ ਤਾਲੂ ਤੋਂ ਬੋਲੋ। ਸੁੱਭਰ।	Dhhann Dhhann Gur Dhhann Abhar Sar Subhar Bharaayo ||	Blessed, blessed, blessed is the Guru, who has filled to overflowing the pools which were empty.	ਗੁਰੂ ਅਰਜੁਨ ਦੇਵ ਧੰਨ ਹੈ। ਖ਼ਾਲੀ ਹਿਰਦਿਆਂ ਨੂੰ ਆਪ ਨੇ (ਨਾਮ-ਅੰਮ੍ਰਿਤ ਨਾਲ) ਨਕਾ-ਨਕ ਭਰ ਦਿੱਤਾ ਹੈ।

59775	1408	ਗੁਰ ਗਮ ਪ੍ਰਮਾਣਿ ਅਜਰੁ ਜਰਿਓ ਸਰਿ ਸੰਤੋਖ ਸਮਾਇਯਉ॥	ਅ-ਜਰੁ। ਸਮਾਇ-ਯਉ: ਯ ਤਾਲੂ ਤੋਂ ਬੋਲੋ।	Gur Gam Pramaan Ajar Jariou Sar Santhokh Samaaeiyo ||	Reaching up to the certified Guru, You endure the unendurable; You are immersed in the pool of contentment.	ਗੁਰੂ ਵਾਲੀ ਪਦਵੀ ਪਰਾਪਤ ਕਰ ਲੈਣ ਦੇ ਕਾਰਨ ਆਪ ਨੇ ਅਜਰ ਅਵਸਥਾ ਨੂੰ ਜਰਿਆ ਹੈ, ਤੇ ਆਪ ਸੰਤੋਖ ਦੇ ਸਰੋਵਰ ਵਿਚ ਲੀਨ ਹੋ ਗਏ ਹਨ।
59776	1408	ਗੁਰ ਅਰਜੁਨ ਕਲ੍ਯਚਰੈ ਤੈ ਸਹਜਿ ਜੋਗੁ ਨਿਜੁ ਪਾਇਯਉ॥੮॥	ਜਦੋਂ ਅੱਧੇ ਯੱਯੇ ਹੇਠਾਂ ਔਂਕੜ, ਤਦੋਂ ਅੱਧੇ ਊੜੇ ਔਂਕੜ ਲਾ ਕੇ ਊੜਾ ਪੋਲਾ ਬੋਲੋ। ਕਲ੍ਯਚਰੈ: ਕਲਉੱਚਰੈ। (ਕਲ੍ਯਚਰੈ) ਗੁਰਮੁਖਿ ਕਲ ਭੱਟ ਉਚਾਰਦੇ ਹਨ ਤੈਂ। ਪਾਇ-ਯਉ	Gur Arajun Kalyaacharai Thai Sehaj Jog Nij Paaeiyo ||8||	So speaks KALL: O Guru Arjun, You have intuitively attained the state of Yoga within Yourself. ||8||	ਕਵੀ 'ਕਲਜਜ' ਆਖਦਾ ਹੈ ਕਿ 'ਹੇ ਗੁਰੂ ਅਰਜੁਨ (ਦੇਵ ਜੀ)! ਤੂੰ ਆਤਮਕ ਅਡੋਲਤਾ ਵਿਚ ਟਿਕ ਕੇ (ਅਕਾਲ ਪੁਰਖ ਨਾਲ) ਅਸਲੀ ਮਿਲਾਪ ਪ੍ਰਾਪਤ ਕਰ ਲਿਆ ਹੈ' ॥੮॥
59777	1408	ਅਮਿਉ ਰਸਨਾ ਬਦਨਿ ਬਰ ਦਾਤਿ ਅਲਖ ਅਪਾਰ ਗੁਰ ਸੂਰ ਸਬਦਿ ਹਉਮੈ ਨਿਵਾਰ੍ਯਉ॥	ਅਤਿਅੰਤ ਹੀ ਸੋਹਣਾ ਨੂਰੀ (ਬਦਨਿ) ਮੁਖ ਕਵਲ।ਅ-ਲਖ: ਪੋਲਾ ਬੋਲੋ। ਨਿਵਾਰ੍ਯਉ: ਨਿਵਾਰਿਅਉ	Amio Rasanaa Badhan Bar Dhaath Alakh Apaar Gur Soor Sabadh Houmai Nivaaryo ||	Nectar drips from Your tongue, and Your mouth gives Blessings, O Incomprehensible and Infinite Spiritual Hero. O Guru, the Word of Your Shabad eradicates egotism.	ਹੇ ਅਲੱਖ! ਹੇ ਅਪਾਰ! ਹੇ ਸੂਰਮੇ ਗੁਰੂ! ਆਪ ਜੀਭ ਨਾਲ ਅੰਮ੍ਰਿਤ (ਵਰਸਾਉਂਦੇ ਹੋ) ਅਤੇ ਮੂੰਹੋਂ ਵਰ ਦੀ ਬਖ਼ਸ਼ਿਸ਼ ਕਰਦੇ ਹੋ, ਸ਼ਬਦ ਦੁਆਰਾ ਆਪ ਨੇ ਹਉਮੈ ਦੂਰ ਕੀਤੀ ਹੈ।

59778	1408	ਪੰਚਾਹਰੁਨਿ ਦਲਿਅਉ ਸੁੰਨ ਸਹਜਿ ਨਿਜ ਘਰਿ ਸਹਾਰ੍ਯਉ॥	(ਪੰਚਾ-ਹਰੁਨਿ) ਕਾਲ਼ ਸ਼ੇਰ ਨੂੰ ਦਲ਼ਿਆ। ਅਪਨੇ ਘਰ ਨਿਰਗੁਨ ਬ੍ਰਹਮ ਜੀ ਨੂੰ (ਸਹਾਰ੍ਯਉ) ਸਹਾਰਿਆ। ਸਹਾਰ੍ਯਉ: ਸਹਾਰਿਅਉ	Panchaahar Nidhaliao Sunn Sehaj Nij Ghar Sehaaryo ||	You have overpowered the five enticers, and established with intuitive ease the Absolute Lord within Your own being.	ਅਗਿਆਨ ਨੂੰ ਆਪ ਨੇ ਨਾਸ ਕਰ ਦਿੱਤਾ ਹੈ ਅਤੇ ਆਤਮਕ ਅਡੋਲਤਾ ਦੀ ਰਾਹੀਂ ਅਫੁਰ ਨਿਰੰਕਾਰ ਨੂੰ ਆਪਣੇ ਹਿਰਦੇ ਵਿਚ ਟਿਕਾਇਆ ਹੈ।
59779	1408	ਹਰਿ ਨਾਮਿ ਲਾਗਿ ਜਗ ਉਧਰ੍ਯਉ ਸਤਿਗੁਰੁ ਰਿਦੈ ਬਸਾਇਅਉ॥	ਉਧਰ੍ਯਉ: ਉਧ-ਰਿਅਉ। (ਉਧਰ੍ਯਉ) ਉਧਰਿਆ	Har Naam Laag Jag Oudhharyo Sathigur Ridhai Basaaeiao ||	Attached to the Lord's Name, the world is saved; enshrine the True Guru within your heart.	ਹੇ ਗੁਰੂ ਅਰਜੁਨ! ਹਰੀ-ਨਾਮ ਵਿਚ ਜੁੜ ਕੇ (ਆਪ ਨੇ) ਜਗਤ ਨੂੰ ਬਚਾ ਲਿਆ ਹੈ; (ਆਪ ਨੇ) ਸਤਿਗੁਰੂ ਨੂੰ ਹਿਰਦੇ ਵਿਚ ਵਸਾਇਆ ਹੈ।
59780	1408	ਗੁਰ ਅਰਜੁਨ ਕਲ੍ਯੁਚਰੈ ਤੈ ਜਨਕਹ ਕਲਸੁ ਦੀਪਾਇਅਉ॥੯॥	ਅਜਪਾ ਜਾਪ ਅਨਤ ਕਲਾਵਾਨ ਮਹਾਂ ਮਹਾਂ ਵਿਸਮਾਦ ਪ੍ਰਕਾਸ਼ ਸਰੂਪ (ਜਨਕਹ) ਪਿਤਾ ਵਾਹਿਗੁਰੂ ਜੀ ਦਾ (ਕਲਸੁ) ਸ਼੍ਰੋਮਣੀ (ਜਨਕਹ) ਬ੍ਰਹਮਗਿਆਨ (ਦੀਪਾਇ-ਅਉ) ਪ੍ਰਕਾਸ਼ੇ।ਕਲ੍ਯੁਚਰੈ: ਕਲਉੱਚਰੈ, ਉ: ਪੋਲਾ ਬੋਲੋ	Gur Arajun Kalyaacharai Thai Janakeh Kalas Dheepaaeiao ||9||	So speaks KALL: O Guru Arjun, You have illliminated the highest pinnacle of wisdom. ||9||	ਕਲਜਜ ਕਵੀ ਆਖਦਾ ਹੈ ਕਿ ਆਪ ਨੇ ਗਿਆਨ-ਰੂਪ ਕਲਸ ਨੂੰ ਲਿਸ਼ਕਾਇਆ ਹੈ ॥੯॥
59781	1408	ਸੋਰਠੇ॥		Sorathae ||	Sorat'h	

59782	1408	ਗੁਰੁ ਅਰਜੁਨੁ ਪੁਰਖੁ ਪ੍ਰਮਾਣੁ ਪਾਰਥਉ ਚਾਲੈ ਨਹੀ॥		Gur Arajun Purakh Pramaan Paarathho Chaalai Nehee ||	: Guru Arjun is the certified Primal Person; like Arjuna, He never leaves the field of battle.	ਗੁਰੂ ਅਰਜਨ (ਦੇਵ ਜੀ) ਅਕਾਲ ਪੁਰਖ-ਰੂਪ ਹੈ, ਅਰਜੁਨ ਵਾਂਗ ਆਪ ਕਦੇ ਘਬਰਾਉਣ ਵਾਲੇ ਨਹੀਂ ਹਨ (ਭਾਵ, ਜਿਵੇਂ ਅਰਜੁਨ ਕੁਰੂਖੇਤ੍ਰ ਦੇ ਯੁੱਧ ਵਿਚ ਵੈਰੀਆਂ ਦੇ ਦਲਾਂ ਤੋਂ ਘਬਰਾਉਂਦਾ ਨਹੀਂ ਸੀ, ਤਿਵੇਂ ਗੁਰੂ ਅਰਜੁਨ ਦੇਵ ਜੀ ਕਾਮਾਦਿਕ ਵੈਰੀਆਂ ਤੋਂ ਨਹੀਂ ਘਬਰਾਉਂਦੇ; ਸੰ: ਪਾਰਥ-(A metronymic of Arjuna)।
59783	1408	ਨੇਜਾ ਨਾਮ ਨੀਸਾਣੁ ਸਤਿਗੁਰ ਸਬਦਿ ਸਵਾਰਿਅਉ॥੧॥	ਸਵਾਰਿ-ਅਉ	Naejaa Naam Neesaan Sathigur Sabadh Savaariao ||1||	The Naam, the Name of the Lord, is His spear and insignia. He is embellished with the Shabad, the Word of the True Guru. ||1||	ਨਾਮ ਦਾ ਪ੍ਰਕਾਸ਼ ਆਪ ਦਾ ਨੇਜ਼ਾ ਹੈ, ਗੁਰੂ ਦੇ ਸ਼ਬਦ ਨੇ ਆਪ ਨੂੰ ਸੋਹਣਾ ਬਣਾਇਆ ਹੋਇਆ ਹੈ ॥੧॥
59784	1408	ਭਵਜਲੁ ਸਾਇਰੁ ਸੇਤੁ ਨਾਮੁ ਹਰੀ ਕਾ ਬੋਹਿਥਾ॥	(ਸੇਤ) ਪੁਲ	Bhavajal Saaeir Saeth Naam Haree Kaa Bohithhaa ||	The Lord's Name is the Boat, the Bridge to cross over the terrifying world-ocean.	ਸੰਸਾਰ ਸਮੁੰਦਰ ਹੈ, ਅਕਾਲ ਪੁਰਖ ਦਾ ਨਾਮ ਪੁਲ ਹੈ ਤੇ ਜਹਾਜ਼ ਹੈ।

59785	1408	ਤੁਅ ਸਤਿਗੁਰ ਸੰਹੇਤੁ ਨਾਮਿ ਲਾਗਿ ਜਗੁ ਉਧਰ੍ਯਉ॥੨॥	(ਉਧ-ਰਿਅਉ) ਉਧਰਿਆ	Thua Sathigur San Haeth Naam Laag Jag Oudhharyo ||2||	You are in love with the True Guru; attached to the Naam, You have saved the world. ||2||	ਆਪ ਦਾ ਗੁਰੂ ਨਾਲ ਪਿਆਰ ਹੈ, (ਅਕਾਲ ਪੁਰਖ ਦੇ) ਨਾਮ ਵਿਚ ਜੁੜ ਕੇ ਆਪ ਨੇ ਜਗਤ ਨੂੰ (ਸੰਸਾਰ-ਸਮੁੰਦਰ ਤੋਂ) ਬਚਾ ਲਿਆ ਹੈ ॥੨॥
59786	1408	ਜਗਤ ਉਧਾਰਣੁ ਨਾਮੁ ਸਤਿਗੁਰ ਤੁਠੈ ਪਾਇਅਉ॥		Jagath Oudhhaaran Naam Sathigur Thuthai Paaeiao ||	The Naam is the Saving Grace of the world; by the Pleasure of the True Guru, it is obtained.	ਜਗਤ ਨੂੰ ਤਾਰਨ ਵਾਲਾ ਨਾਮ ਆਪ ਨੇ ਗੁਰੂ ਦੇ ਪ੍ਰਸੰਨ ਹੋਣ ਤੇ ਪ੍ਰਾਪਤ ਕੀਤਾ ਹੈ।
59787	1408	ਅਬ ਨਾਹਿ ਅਵਰ ਸਰਿ ਕਾਮੁ ਬਾਰੰਤਰਿ ਪੂਰੀ ਪੜੀ॥੩॥੧੨॥	(ਸਰਿ) ਸਰ ਗਏ। (ਕਾਮੁ) ਕੰਮ। (ਬਾਰੰਤਰਿ) ਅੰਦਰ ਬਾਹਰ। (ਪੜੀ) ਪੈ ਗਈ ਪੜੀ	Ab Naahi Avar Sar Kaam Baaranthar Pooree Parree ||3||12||	Now, I am not concerned with anything else; at Your Door, I am fulfilled. ||3||12||	ਸਾਨੂੰ ਹੁਣ ਕਿਸੇ ਹੋਰ ਨਾਲ ਕੋਈ ਗਉ ਨਹੀਂ। (ਗੁਰੂ ਅਰਜਨ ਦੇਵ ਜੀ ਦੇ) ਦਰ ਉਤੇ ਸਾਡੇ ਸਾਰੇ ਕਾਰਜ ਰਾਸ ਹੋ ਗਏ ਹਨ ॥੩॥੧੨॥
59788	1408	ਜੋਤਿ ਰੂਪਿ ਹਰਿ ਆਪਿ ਗੁਰੂ ਨਾਨਕੁ ਕਹਾਯਉ॥	ਕਹਾ-ਯਉ: ਯ ਤਾਲੂ ਤੋਂ ਬੋਲੋ।	Joth Roop Har Aap Guroo Naanak Kehaayo ||	The Embodiment of Light, the Lord Himself is called Guru Nanak.	ਪ੍ਰਕਾਸ਼-ਰੂਪ ਹਰੀ ਨੇ ਆਪਣੇ ਆਪ ਨੂੰ ਗੁਰੂ ਨਾਨਕ ਅਖਵਾਇਆ।
59789	1408	ਤਾ ਤੇ ਅੰਗਦੁ ਭਯਉ ਤਤ ਸਿਉ ਤਤੁ ਮਿਲਾਯਉ॥	ਭ-ਯਉ,ਮਿਲਾ-ਯਉ: ਯ ਤਾਲੂ ਤੋਂ ਬੋਲੋ	Thaa Thae Angadh Bhayo Thath Sio Thath Milaayo ||	From Him, came Guru Angad; His essence was absorbed into the essence.	ਉਸ (ਗੁਰੂ ਨਾਨਕ ਦੇਵ ਜੀ) ਤੋਂ (ਗੁਰੂ ਅੰਗਦ ਪ੍ਰਗਟ ਹੋਇਆ), (ਗੁਰੂ ਨਾਨਕ ਦੇਵ ਜੀ ਦੀ) ਜੋਤਿ (ਗੁਰੂ ਅੰਗਦ ਜੀ ਦੀ) ਜੋਤਿ ਨਾਲ ਮਿਲ ਗਈ।

59790	1408	ਅੰਗਦਿ ਕਿਰਪਾ ਧਾਰਿ ਅਮਰੁ ਸਤਿਗੁਰੁ ਥਿਰੁ ਕੀਅਉ॥		Angadh Kirapaa Dhhaar Amar Sathigur Thhir Keeao ||	Guru Angad showed His Mercy, and established Amar Daas as the True Guru.	(ਗੁਰੂ) ਅੰਗਦ (ਦੇਵ ਜੀ) ਨੇ ਕਿਰਪਾ ਕਰ ਕੇ ਅਮਰਦਾਸ ਜੀ ਨੂੰ ਗੁਰੂ ਥਾਪਿਆ;
59791	1408	ਅਮਰਦਾਸਿ ਅਮਰਤੁ ਛਤ੍ਰੁ ਗੁਰ ਰਾਮਹਿ ਦੀਅਉ॥		Amaradhaas Amarath Shhathra Gur Raamehi Dheeao ||	Guru Amar Daas blessed Guru Raam Daas with the umbrella of immortality.	(ਗੁਰੂ) ਅਮਰਦਾਸ (ਜੀ) ਨੇ ਆਪਣੇ ਵਾਲਾ ਛੱਤ੍ਰ ਗੁਰੂ ਰਾਮਦਾਸ (ਜੀ) ਨੂੰ ਦੇ ਦਿਤਾ।
59792	1408	ਗੁਰ ਰਾਮਦਾਸ ਦਰਸਨੁ ਪਰਸਿ ਕਹਿ ਮਥੁਰਾ ਅੰਮ੍ਰਿਤ ਬਯਣ॥	ਗੁਰਮੁਖਿ ਮਥੁਰਾ ਭੱਟ ਜੀ। ਬ-ਯਣ	Gur Raamadhaas Dharasan Paras Kehi Mathhuraa Anmrith Bayan ||	So speaks Mat'huraa: gazing upon the Blessed Vision, the Darshan of Guru Raam Daas, His speech became as sweet as nectar.	ਮਥੁਰਾ ਆਖਦਾ ਹੈ ਕਿ 'ਗੁਰੂ ਰਾਮਦਾਸ (ਜੀ) ਦਾ ਦਰਸਨ ਕਰ ਕੇ (ਗੁਰੂ ਅਰਜੁਨ ਦੇਵ ਜੀ ਦੇ) ਬਚਨ ਆਤਮਕ ਜੀਵਨ ਦੇਣ ਵਾਲੇ ਹੋ ਗਏ ਹਨ।
59793	1408	ਮੂਰਤਿ ਪੰਚ ਪ੍ਰਮਾਣ ਪੁਰਖੁ ਗੁਰੁ ਅਰਜੁਨੁ ਪਿਖਹੁ ਨਯਣ॥੧॥	(ਮੂਰਤਿ) ਬ੍ਰਹਮ ਸਰੂਪ। ਨ-ਯਣ: ਯ ਤਾਲੂ ਤੋਂ ਬੋਲੋ	Moorath Panch Pramaan Purakh Gur Arajun Pikhahu Nayan ||1||	With your eyes, see the certified Primal Person, Guru Arjun, the Fifth Manifestation of the Guru. ||1||	ਪੰਜਵੇਂ ਸਰੂਪ ਅਕਾਲ ਪੁਰਖ ਰੂਪ ਗੁਰੂ ਅਰਜੁਨ ਦੇਵ ਜੀ ਨੂੰ ਅੱਖਾਂ ਨਾਲ ਵੇਖੋ ॥੧॥

59794	1408	ਸਤਿ ਰੂਪੁ ਸਤਿਨਾਮੁ ਸਤੁ ਸੰਤੋਖੁ ਧਰਿਓ ਉਰਿ॥		Sath Roop Sath Naam Sath Santhokh Dhhariou Our ||	He is the Embodiment of Truth; He has enshrined the True Name, Sat Naam, Truth and contentment within His heart.	(ਗੁਰੂ ਅਰਜੁਨ ਦੇਵ ਜੀ ਨੇ) ਸਤ ਸੰਤੋਖ ਹਿਰਦੇ ਵਿਚ ਧਾਰਨ ਕੀਤਾ ਹੈ, ਤੇ ਉਸ ਹਰੀ ਨੂੰ ਆਪਣੇ ਅੰਦਰ ਟਿਕਾਇਆ ਹੈ ਜਿਸ ਦਾ ਰੂਪ ਸਤਿ ਹੈ ਤੇ ਨਾਮ ਸਦਾ-ਥਿਰ ਹੈ।
59795	1408	ਆਦਿ ਪੁਰਖਿ ਪਰਤਖਿ ਲਿਖ੍ਯਉ ਅਛਰੁ ਮਸਤਕਿ ਧੁਰਿ॥	ਪਰਤੱਖਿ। ਲਿਖ੍ਯਉ: ਲਿਖਿਅਉ। ਅੱਛਰੁ	Aadh Purakh Parathakh Likhyo Ashhar Masathak Dhhur ||	From the very beginning, the Primal Being has written this destiny upon His forehead.	ਪਰਤੱਖ ਤੌਰ ਤੇ ਅਕਾਲ ਪੁਰਖ ਨੇ ਧੁਰੋਂ ਹੀ ਆਪ ਦੇ ਮੱਥੇ ਤੇ ਲੇਖ ਲਿਖਿਆ ਹੈ।
59796	1408	ਪ੍ਰਗਟ ਜੋਤਿ ਜਗਮਗੈ ਤੇਜੁ ਭੂਅ ਮੰਡਲਿ ਛਾਯਉ॥	ਜਗਮਗੈ: ਪੋਲਾ ਬੋਲੋ। (ਜਗਮਗੈ) ਪ੍ਰਕਾਸ਼ ਰਹੀਹੈ।ਛਾ-ਯਉ: ਯ ਤਾਲੂ ਤੋਂ ਬੋਲੋ।	Pragatt Joth Jagamagai Thaej Bhooa Manddal Shhaayo ||	His Divine Light shines forth, dazzling and radiant; His Glorious Grandeur pervades the realms of the world.	(ਆਪ ਦੇ ਅੰਦਰ) ਪ੍ਰਗਟ ਤੌਰ ਤੇ (ਹਰੀ ਦੀ) ਜੋਤਿ ਜਗਮਗ ਜਗਮਗ ਕਰ ਰਹੀ ਹੈ, (ਆਪ ਦਾ) ਤੇਜ ਧਰਤੀ ਉਤੇ ਛਾਇਆ ਹੋਇਆ ਹੈ।

59797	1408	ਪਾਰਸੁ ਪਰਸਿ ਪਰਸੁ ਪਰਸਿ ਗੁਰਿ ਗੁਰੂ ਕਹਾਯਉ॥	(ਪਾਰਸੁ) ਸ੍ਰੀ ਗੁਰੂ ਨਾਨਕਦੇਵ ਸਾਹਿਬ ਜੀ। (ਪਰਸਿ) ਸਤਿਗੁਰੂ ਅੰਗਦ ਸਾਹਿਬ ਜੀ। (ਪਰਸੁ) ਸ੍ਰੀ ਗੁਰੂ ਅਮਰਦਾਸ ਸਾਹਿਬ ਜੀ। (ਪਰਸਿ) ਸ੍ਰੀ ਗੁਰੂ ਰਾਮਦਾਸ ਸਾਹਿਬ ਜੀ। (ਗੁਰਿ) ਗੁਰੂਆਂ ਦੇ (ਗੁਰੂ) ਗੁਰੂ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ।ਕਹਾ-ਯਉ: ਯ ਤਾਲੂ ਤੋਂ ਬੋਲੋ।	Paaras Paras Paras Paras Gur Guroo Kehaayo ||	Meeting the Guru, touching the Philosopher's Stone, He was acclaimed as Guru.	ਪਾਰਸ (ਗੁਰੂ) ਨੂੰ ਤੇ ਪਰਸਣ-ਜੋਗ (ਗੁਰੂ) ਨੂੰ ਛੂਹ ਕੇ (ਆਪ) ਗੁਰੂ ਤੋਂ ਗੁਰੂ ਅਖਵਾਏ।
59798	1408	ਭਨਿ ਮਥੁਰਾ ਮੂਰਤਿ ਸਦਾ ਥਿਰੁ ਲਾਇ ਚਿਤੁ ਸਨਮੁਖ ਰਹਹੁ॥		Bhan Mathhuraa Moorath Sadhaa Thhir Laae Chith Sanamukh Rehahu ||	So speaks Mat'huraa: I constantly focus my consciousness on Him; as sunmukh, I look to Him.	ਮਥੁਰਾ ਆਖਦਾ ਹੈ- (ਗੁਰੂ ਅਰਜੁਨ ਦੇਵ ਜੀ ਦੇ) ਸਰੂਪ ਵਿਚ ਮਨ ਭਲੀ ਪ੍ਰਕਾਰ ਜੋੜ ਕੇ ਸਨਮੁਖ ਰਹੋ।
59799	1408	ਕਲਜੁਗਿ ਜਹਾਜੁ ਅਰਜੁਨੁ ਗੁਰੂ ਸਗਲ ਸ੍ਰਿਸ੍ਰਿ ਲਗਿ ਬਿਤਰਹੁ॥੨॥	(ਬਿ-ਤਰਹੁ) ਵਿਸ਼ੇਸ਼ ਕਰਕੇ ਤਰੋ। ਸ੍ਰਿਸ੍ਰਿ : ਅੱਧਾ ਟੈਂਕਾ ਪੋਲਾ ਬੋਲੋ	Kalajug Jehaaj Arajun Guroo Sagal Srist Lag Bitharahu ||2||	In this Dark Age of Kali Yuga, Guru Arjun is the Boat; attached to him, the entire universe is safely carried across. ||2||	ਗੁਰੂ ਅਰਜੁਨ ਕਲਜੁਗ ਵਿਚ ਜਹਾਜ਼ ਹੈ। ਹੇ ਦੁਨੀਆ ਦੇ ਲੋਕੋ! ਉਸ ਦੀ ਚਰਨੀਂ ਲੱਗ ਕੇ (ਸੰਸਾਰ-ਸਾਗਰ) ਤੋਂ ਸਹੀ ਸਲਾਮਤ ਪਾਰ ਲੰਘੋ ॥੨॥

59800	1408	ਤਿਹ ਜਨ ਜਾਚਹੁ ਜਗਤ੍ਰ ਪਰ ਜਾਨੀਅਤੁ ਬਾਸੁਰ ਰਯਨਿ ਬਾਸੁ ਜਾ ਕੋ ਹਿਤੁ ਨਾਮ ਸਿਉ॥	(ਬਾਸੁਰ) ਦਿਨ। ਜ-ਗੱਤ੍ਰ।ਰ-ਯਨਿ: ਯ ਤਾਲੂ ਤੋਂ ਬੋਲੋ	Thih Jan Jaachahu Jagathr Par Jaaneeath Baasur Rayan Baas Jaa Ko Hith Naam Sio ||	I beg from that humble being who is known all over the world, who lives in, and loves the Name, night and day.	ਹੇ ਲੋਕੋ! ਉਸ ਗੁਰੂ ਦੇ ਦਰ ਤੋਂ ਮੰਗੋ, ਜੋ ਸਾਰੇ ਸੰਸਾਰ ਵਿਚ ਪ੍ਰਗਟ ਹੈ ਤੇ ਦਿਨ ਰਾਤ ਜਿਸ ਦਾ ਪਿਆਰ ਤੇ ਵਾਸਾ ਨਾਮ ਨਾਲ ਹੈ,
59801	1408	ਪਰਮ ਅਤੀਤੁ ਪਰਮੇਸੁਰ ਕੈ ਰੰਗਿ ਰੰਗ੍ਹੌ ਬਾਸਨਾ ਤੇ ਬਾਹਰਿ ਪੈ ਦੇਖੀਅਤੁ ਧਾਮ ਸਿਉ॥	ਰੰਗ੍ਹੌ: ਰੰਗਿਐਂ	Param Atheeth Paramaesur Kai Rang Rangya Baasanaa Thae Baahar Pai Dhaekheeath Dhhaam Sio ||	He is supremely unattached, and imbued with the Love of the Transcendent Lord; he is free of desire, but he lives as a family man.	ਜੋ ਪੂਰਨ ਵੈਰਾਗਵਾਨ ਹੈ, ਹਰੀ ਦੇ ਪਿਆਰ ਵਿਚ ਭਿੱਜਾ ਹੋਇਆ ਹੈ, ਵਾਸ਼ਨਾ ਤੋਂ ਪਰੇ ਹੈ; ਪਰ ਉਂਞ ਗ੍ਰਿਹਸਤ ਵਿਚ ਵੇਖੀਦਾ ਹੈ।
59802	1408	ਅਪਰ ਪਰੰਪਰ ਪੁਰਖ ਸਿਉ ਪ੍ਰੇਮੁ ਲਾਗ੍ਹੌ ਬਿਨੁ ਭਗਵੰਤ ਰਸੁ ਨਾਹੀ ਅਉਰੈ ਕਾਮ ਸਿਉ॥	ਲਾਗ੍ਹੌ: ਲਾਗਿਐਂ	Apar Paranpar Purakh Sio Praem Laagya Bin Bhagavanth Ras Naahee Aourai Kaam Sio ||	He is dedicated to the Love of the Infinite, Limitless Primal Lord God; he has no concerns for any other pleasure, except for the Lord God.	(ਜਿਸ ਗੁਰੂ ਅਰਜੁਨ ਦਾ) ਪਿਆਰ ਬੇਅੰਤ ਹਰੀ ਨਾਲ ਲੱਗਾ ਹੋਇਆ ਹੈ, ਤੇ ਜਿਸ ਨੂੰ ਹਰੀ ਤੋਂ ਬਿਨਾ ਕਿਸੇ ਹੋਰ ਕੰਮ ਨਾਲ ਕੋਈ ਗਉਂ ਨਹੀਂ ਹੈ,

59803	1408	ਮਥੁਰਾ ਕੋ ਪ੍ਰਭੁ ਸ੍ਰਬ ਮਯ ਅਰਜੁਨ ਗੁਰੁ ਭਗਤਿ ਕੈ ਹੇਤਿ ਪਾਇ ਰਹਿਓ ਮਿਲਿ ਰਾਮ ਸਿਉ॥੩॥	ਮ-ਯ	Mathhuraa Ko Prabh Srab May Arajun Gur Bhagath Kai Haeth Paae Rehiou Mil Raam Sio ||3||	Guru Arjun is the All-pervading Lord God of Mat'huraa. Devoted to His Worship, he remains attached to the Lord's Feet. ||3||	ਉਹ ਗੁਰੂ ਅਰਜੁਨ ਹੀ ਮਥੁਰਾ ਦਾ ਸਰਬ-ਵਿਆਪਕ ਪ੍ਰਭੂ ਹੈ, ਉਹ ਭਗਤੀ ਦੀ ਖ਼ਾਤਰ ਹਰੀ ਦੇ ਚਰਨਾਂ ਵਿਚ ਜੁੜਿਆ ਹੋਇਆ ਹੈ ॥੩॥
59804	1409	ਅੰਤੁ ਨ ਪਾਵਤ ਦੇਵ ਸਬੈ ਮੁਨਿ ਇੰਦ੍ਰ ਮਹਾ ਸਿਵ ਜੋਗ ਕਰੀ॥		Anth N Paavath Dhaev Sabai Mun Eindhr Mehaa Siv Jog Karee ||	All the gods, silent sages, Indra, Shiva and Yogis have not found the Lord's limits	ਸਾਰੇ ਦੇਵਤਿਆਂ ਤੇ ਮੁਨੀਆਂ ਨੇ (ਗੁਰੂ ਅਰਜੁਨ ਦਾ) ਅੰਤ ਨਾਹ ਪਾਇਆ। ਇੰਦ੍ਰ ਤੇ ਸ਼ਿਵ ਜੀ ਨੇ ਜੋਗ-ਸਾਧਨਾ ਕੀਤੀ,
59805	1409	ਫੁਨਿ ਬੇਦ ਬਿਰੰਚਿ ਬਿਚਾਰਿ ਰਹਿਓ ਹਰਿ ਜਾਪੁ ਨ ਛਾਡਿਉ ਏਕ ਘਰੀ॥	ਛਾਡਿਉ: ਛਾਡਿਅਉ	Fun Baedh Biranch Bichaar Rehiou Har Jaap N Shhaaddiyo Eaek Gharee ||	Not even Brahma who contemplates the Vedas. I shall not give up meditating on the Lord, even for an instant.	ਅਤੇ ਬ੍ਰਹਮਾ ਬੇਦ ਵਿਚਾਰ ਕੇ ਥੱਕ ਗਿਆ, ਉਸ ਨੇ ਹਰੀ ਦਾ ਜਾਪ ਇਕ ਘੜੀ ਨਾਹ ਛੱਡਿਆ।
59806	1409	ਮਥੁਰਾ ਜਨ ਕੋ ਪ੍ਰਭੁ ਦੀਨ ਦਯਾਲੁ ਹੈ ਸੰਗਤਿ ਸ੍ਰਿਸ੍ਰਿ ਨਿਹਾਲੁ ਕਰੀ॥	ਦ-ਯਾਲੁ: ਦ ਮੁਕਤਾ, ਯਾ ਤਾਲੂ ਤੋਂ ਬੋਲੋ ।ਸ੍ਰਿਸ੍ਰਿ : ਅੱਧਾ ਟੈਂਕਾ ਪੋਲਾ ਬੋਲੋ	Mathhuraa Jan Ko Prabh Dheen Dhayaal Hai Sangath Srist Nihaal Karee ||	The God of Mat'huraa is Merciful to the meek; He blesses and uplifts the Sangats throughout the Universe.	ਦਾਸ ਮਥੁਰਾ ਦਾ ਪ੍ਰਭੂ (ਗੁਰੂ ਅਰਜੁਨ) ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਆਪ ਨੇ ਸੰਗਤ ਨੂੰ ਤੇ ਸ੍ਰਿਸ਼ਟੀ ਨੂੰ ਨਿਹਾਲ ਕੀਤਾ ਹੈ।

59807	1409	ਰਾਮਦਾਸਿ ਗੁਰੂ ਜਗ ਤਾਰਨ ਕਉ ਗੁਰ ਜੋਤਿ ਅਰਜੁਨ ਮਾਹਿ ਧਰੀ॥੪॥		Raamadhaas Guroo Jag Thaaran Ko Gur Joth Arajun Maahi Dhharee ||4||	Guru Raam Daas, to save the world, enshrined the Guru's Light into Guru Arjun. ||4||	ਗੁਰੂ ਰਾਮਦਾਸ ਜੀ ਨੇ ਜਗਤ ਨੂੰ ਤਾਰਨ ਲਈ ਗੁਰੂ ਵਾਲੀ ਜੋਤਿ ਗੁਰੂ ਅਰਜੁਨ ਵਿਚ ਰੱਖ ਦਿੱਤੀ ॥੪॥
59808	1409	ਜਗ ਅਉਰੁ ਨ ਯਾਹਿ ਮਹਾਤਮ ਮੈ ਅਵਤਾਰੁ ਉਜਾਗਰੁ ਆਨਿ ਕੀਅਉ॥	(ਉਜਾਗਰੁ) ਪਰਗਟ ਇਸ ਜੱਗ ਵਿੱਚ ਧਰਮ ਦੀ ਰੱਖਿਆ ਕਰਨ ਵਾਲਾ ਹੋਰ ਕੋਈ ਮਹਾਤਮਾ ਨਹੀਂ ਸੀ	Jag Aour N Yaahi Mehaa Tham Mai Avathaar Oujaagar Aan Keeao ||	In the great darkness of this world, the Lord revealed Himself, incarnated as Guru Arjun.	ਜਗਤ ਦੇ ਇਸ ਘੋਰ ਹਨੇਰੇ ਵਿਚ (ਗੁਰੂ ਅਰਜੁਨ ਤੋਂ ਬਿਨਾ) ਕੋਈ ਹੋਰ (ਰਾਖਾ) ਨਹੀਂ ਹੈ, ਉਸੇ ਨੂੰ (ਹਰੀ ਨੇ) ਲਿਆ ਕੇ ਉਜਾਗਰ ਅਵਤਾਰ ਬਣਾਇਆ ਹੈ।
59809	1409	ਤਿਨ ਕੇ ਦੁਖ ਕੋਟਿਕ ਦੂਰਿ ਗਏ ਮਥੁਰਾ ਜਿਨ੍ਹ ਅੰਮ੍ਰਿਤ ਨਾਮੁ ਪੀਅਉ॥		Thin Kae Dhukh Kottik Dhoor Geae Mathhuraa Jinh Anmrith Naam Peeao ||	Millions of pains are taken away, from those who drink in the Ambrosial Nectar of the Naam, says Mat'huraa.	ਹੇ ਮਥੁਰਾ! ਜਿਨ੍ਹਾਂ ਨੇ (ਉਸ ਪਾਸੋਂ) ਨਾਮ ਅੰਮ੍ਰਿਤ ਪੀਤਾ ਹੈ ਉਹਨਾਂ ਦੇ ਕ੍ਰੋੜਾਂ ਦੁੱਖ ਦੂਰ ਹੋ ਗਏ ਹਨ।

59810	1409	ਇਹ ਪਧਤਿ ਤੇ ਮਤ ਚੂਕਹਿ ਰੇ ਮਨ ਭੇਦੁ ਬਿਭੇਦੁ ਨ ਜਾਨ ਬੀਅਉ॥	ਗੁਰਮਤਿ ਗੁਰਸਿਖੀ ਪ੍ਰੇਮਾ-ਭਗਤੀ ਦੇ (ਪੱਧਤਿ) ਰਾਹ (ਪਧਤਿ) ਰੀਤ (ਪਧਤਿ) ਢੰਗ। (ਬਿਭੇਦੁ) ਭੇਦੁ-ਰਹਿਤ ਹੋ ਕੇ।(ਬੀਅਉ) ਦੂਜਾ ਹੋਰ ਕੋਈ ਭੇਦ ਨ ਸਮਝੇ	Eih Padhhath Thae Math Chookehi Rae Man Bhaedh Bibhaedh N Jaan Beeao ||	O mortal being, do not leave this path; do not think that there is any difference between God and Guru.	ਹੇ ਮੇਰੇ ਮਨ! ਕਿਤੇ ਇਸ ਰਾਹ ਤੋਂ ਖੁੰਝ ਨਾਹ ਜਾਈਂ, ਕਿਤੇ ਇਹ ਵਿੱਥ ਨ ਸਮਝੀਂ, ਕਿ ਗੁਰੂ ਅਰਜੁਨ (ਹਰੀ ਤੋਂ ਵੱਖਰਾ) ਦੂਜਾ ਹੈ।
59811	1409	ਪਰਤਛਿ ਰਿਦੈ ਗੁਰ ਅਰਜੁਨ ਕੈ ਹਰਿ ਪੂਰਨ ਬ੍ਰਹਮਿ ਨਿਵਾਸੁ ਲੀਅਉ॥੫॥	ਪਰਤੱਛਿ	Parathashh Ridhai Gur Arajun Kai Har Pooran Breham Nivaas Leeao ||5||	The Perfect Lord God has manifested Himself; He dwells in the heart of Guru Arjun. ||5||	ਪੂਰਨ ਬ੍ਰਹਮ ਹਰੀ ਨੇ ਗੁਰੂ ਅਰਜੁਨ ਦੇ ਹਿਰਦੇ ਵਿਚ ਪ੍ਰਤੱਖ ਤੌਰ ਤੇ ਨਿਵਾਸ ਕੀਤਾ ਹੈ ॥੫॥
59812	1409	ਜਬ ਲਉ ਨਹੀ ਭਾਗ ਲਿਲਾਰ ਉਦੈ ਤਬ ਲਉ ਭ੍ਰਮਤੇ ਫਿਰਤੇ ਬਹੁ ਧਾਯਉ॥	ਧਾ-ਯਉ: ਯਾ ਤਾਲੂ ਤੋਂ ਬੋਲ	Jab Lo Nehee Bhaag Lilaar Oudhai Thab Lo Bhramathae Firathae Bahu Dhhaayo ||	As long as the destiny written upon my forehead was not activated, I wandered around lost, running in all directions.	ਜਦ ਤਾਈਂ ਮੱਥੇ ਦੇ ਭਾਗ ਨਹੀਂ ਸਨ ਜਾਗੇ, ਤਦ ਤਾਈਂ ਬਹੁਤ ਭਟਕਦੇ ਤੇ ਭੱਜਦੇ ਫਿਰਦੇ ਸਾਂ,

59813	1409	ਕਲਿ ਘੋਰ ਸਮੁਦ੍ਰ ਮੈ ਬੂਡਤ ਥੇ ਕਬਹੂ ਮਿਟਿ ਹੈ ਨਹੀ ਰੇ ਪਛੁਤਾਯਉ॥	(ਮੈ) ਵਿੱਚ।ਪਛੁਤਾ-ਯਉ: ਯ ਤਾਲੂ ਤੋਂ ਬੋਲੋ।	Kal Ghor Samudhr Mai Booddath Thhae Kabehoo Mitt Hai Nehee Rae Pashhuthaayo ||	I was drowning in the horrible world-ocean of this Dark Age of Kali Yuga, and my remorse would never have ended.	ਕਲਜੁਗ ਦੇ ਡਰਾਉਣੇ ਸਮੁੰਦਰ ਵਿਚ ਡੁੱਬ ਰਹੇ ਸਾਂ, ਹੇ ਭਾਈ! ਪੱਛੋਤਾਵਾ ਕਿਸੇ ਵੇਲੇ ਮਿਟਦਾ ਨਹੀਂ ਸੀ।
59814	1409	ਤਤੁ ਬਿਚਾਰੁ ਯਹੈ ਮਥੁਰਾ ਜਗ ਤਾਰਨ ਕਉ ਅਵਤਾਰੁ ਬਨਾਯਉ॥	ਬਨਾ-ਯਉ, ਯਹੈ: ਯ ਤਾਲੂ ਤੋਂ ਬੋਲੋ	Thath Bichaar Yehai Mathhuraa Jag Thaaran Ko Avathaar Banaayo ||	O Mat'huraa, consider this essential truth: to save the world, the Lord incarnated Himself.	ਪਰ, ਹੇ ਮਥੁਰਾ! ਹੁਣ ਸੱਚੀ ਵਿਚਾਰ ਇਹ ਹੈ ਕਿ ਜਗਤ ਨੂੰ ਤਾਰਨ ਲਈ (ਹਰੀ ਨੇ ਗੁਰੂ ਅਰਜੁਨ) ਅਵਤਾਰ ਬਣਾਇਆ ਹੈ,
59815	1409	ਜਪ੍ਯਉ ਜਿਨ੍ ਅਰਜੁਨ ਦੇਵ ਗੁਰੂ ਫਿਰਿ ਸੰਕਟ ਜੋਨਿ ਗਰਭ ਨ ਆਯਉ॥੬॥	ਜਪ੍ਯਉ: ਜਪਿਅਉ। ਆ-ਯਉ	Japyo Jinh Arajun Dhaev Guroo Fir Sankatt Jon Garabh N Aayo ||6||	Whoever meditates on Guru Arjun Dayv, shall not have to pass through the painful womb of reincarnation ever again. ||6||	ਜਿਨ੍ਹਾਂ ਨੇ ਗੁਰੂ ਅਰਜੁਨ ਦੇਵ (ਜੀ) ਨੂੰ ਜਪਿਆ ਹੈ, ਉਹ ਪਰਤ ਕੇ ਗਰਭ ਜੂਨ ਤੇ ਦੁੱਖਾਂ ਵਿਚ ਨਹੀਂ ਆਏ ॥੬॥
59816	1409	ਕਲਿ ਸਮੁਦ੍ਰ ਭਏ ਰੂਪ ਪ੍ਰਗਟਿ ਹਰਿ ਨਾਮ ਉਧਾਰਨੁ॥	ਅੱਗ ਦੇ (ਸਮੁਦ੍ਰ) ਸਮੁੰਦ੍ਰ ਕਲਜੁੱਗ ਚ (ਉ-ਧਾਰਨੁ) ਉਧਾਰਣ ਲਈ, ਮਹਾਰਾਜ ਸਾਹਿਬ ਜੀ, ਜਹਾਜ਼ ਸਰੂਪ ਪ੍ਰਗਟਿ ਹਨ	Kal Samudhr Bheae Roop Pragatt Har Naam Oudhhaaran ||	In the ocean of this Dark Age of Kali Yuga, the Lord's Name has been revealed in the Form of Guru Arjun, to save the world.	ਕਲਜੁਗ ਦੇ ਸਮੁੰਦਰ ਤੋਂ ਤਾਰਨ ਲਈ ਗੁਰੂ ਅਰਜੁਨ ਦੇਵ ਜੀ ਹਰੀ ਦਾ ਨਾਮ-ਰੂਪ ਪ੍ਰਗਟ ਹੋਏ ਹਨ,

59817	1409	ਬਸਹਿ ਸੰਤ ਜਿਸੁ ਰਿਦੈ ਦੁਖ ਦਾਰਿਦ੍ਰ ਨਿਵਾਰਨੁ॥		Basehi Santh Jis Ridhai Dhukh Dhaaridhr Nivaaran ||	Pain and poverty are taken away from that person, within whose heart the Saint abides.	ਆਪ ਦੇ ਹਿਰਦੇ ਵਿਚ ਸੰਤ (ਸ਼ਾਂਤੀ ਦਾ ਸੋਮਾ ਪ੍ਰਭੂ ਜੀ) ਵੱਸਦੇ ਹਨ, ਆਪ ਦੁੱਖਾਂ ਦਰਿਦ੍ਰਾਂ ਦੇ ਦੂਰ ਕਰਨ ਵਾਲੇ ਹਨ।
59818	1409	ਨਿਰਮਲ ਭੇਖ ਅਪਾਰ ਤਾਸੁ ਬਿਨੁ ਅਵਰੁ ਨ ਕੋਈ॥		Niramal Bhaekh Apaar Thaas Bin Avar N Koee ||	He is the Pure, Immaculate Form of the Infinite Lord; except for Him, there is no other at all.	ਉਸ (ਗੁਰੂ ਅਰਜੁਨ) ਤੋਂ ਬਿਨਾ ਕੋਈ ਹੋਰ ਨਹੀਂ ਹੈ, ਆਪ ਅਪਾਰ ਹਰੀ ਦਾ ਨਿਰਮਲ ਰੂਪ ਹਨ।
59819	1409	ਮਨ ਬਚ ਜਿਨਿ ਜਾਣਿਅਉ ਭਯਉ ਤਿਹ ਸਮਸਰਿ ਸੋਈ॥	ਭ-ਯਉ	Man Bach Jin Jaaniao Bhayo Thih Samasar Soee ||	Whoever knows Him in thought, word and deed, becomes just like Him.	ਜਿਸ (ਮਨੁੱਖ) ਨੇ ਮਨ ਤੇ ਬਚਨਾਂ ਕਰਕੇ ਹਰੀ ਨੂੰ ਪਛਾਤਾ ਹੈ, ਉਹ ਹਰੀ ਵਰਗਾ ਹੀ ਹੋ ਗਿਆ ਹੈ।
59820	1409	ਧਰਨਿ ਗਗਨ ਨਵ ਖੰਡ ਮਹਿ ਜੋਤਿ ਸ੍ਵਰੂਪੀ ਰਹਿਓ ਭਰਿ॥	ਸ੍ਵਰੂਪੀ: ਸੁਅਰੂਪੀ	Dhharan Gagan Nav Khandd Mehi Joth Svaroopee Rehiou Bhar ||	He is totally pervading the earth, the sky and the nine regions of the planet. He is the Embodiment of the Light of God.	(ਗੁਰੂ ਅਰਜੁਨ ਹੀ) ਜੋਤਿ-ਰੂਪ ਹੋ ਕੇ ਧਰਤੀ ਅਕਾਸ਼ ਤੇ ਨੌ ਖੰਡਾਂ ਵਿਚ ਵਿਆਪ ਰਿਹਾ ਹੈ।

59821	1409	ਭਨਿ ਮਥੁਰਾ ਕਛੁ ਭੇਦੁ ਨਹੀ ਗੁਰੁ ਅਰਜੁਨੁ ਪਰਤਖ੍ਯ ਹਰਿ॥੭॥੧੯॥		Bhan Mathhuraa Kashh Bhaedh Nehee Gur Arajun Parathakhy Har ||7||19||	So speaks Mat'huraa: there is no difference between God and Guru; Guru Arjun is the Personification of the Lord Himself. ||7||19||	ਹੇ ਮਥੁਰਾ! ਆਖਿ-ਗੁਰੂ ਅਰਜੁਨ ਸਾਖਿਆਤ ਅਕਾਲ ਪੁਰਖ ਹੈ। ਕੋਈ ਫ਼ਰਕ ਨਹੀਂ ਹੈ ॥੭॥੧੯॥
59822	1409	ਅਜੈ ਗੰਗ ਜਲੁ ਅਟਲੁ ਸਿਖ ਸੰਗਤਿ ਸਭ ਨਾਵੈ॥	ਅ-ਜੈ।ਅ-ਟਲੁ।ਸਿੱਖ। ਨ੍ਾਵੈ	Ajai Gang Jal Attal Sikh Sangath Sabh Naavai ||	The stream of the Lord's Name flows like the Ganges, invincible and unstoppable. The Sikhs of the Sangat all bathe in it.	(ਗੁਰੂ ਅਰਜੁਨ ਦੇਵ ਜੀ ਦੀ ਦਰਗਾਹ ਵਿਚ) ਕਦੇ ਨਾਹ ਮੁੱਕਣ ਵਾਲਾ (ਨਾਮ-ਰੂਪ) ਗੰਗਾ ਜਲ (ਵਹਿ ਰਿਹਾ ਹੈ, ਜਿਸ ਵਿਚ) ਸਾਰੀ ਸੰਗਤ ਇਸ਼ਨਾਨ ਕਰਦੀ ਹੈ।
59823	1409	ਨਿਤ ਪੁਰਾਣ ਬਾਚੀਅਹਿ ਬੇਦ ਬ੍ਰਹਮਾ ਮੁਖਿ ਗਾਵੈ॥	ਬਾਚੀ-ਅਹਿ	Nith Puraan Baacheeahi Baedh Brehamaa Mukh Gaavai ||	It appears as if the holy texts like the Puraanaas are being recited there and Brahma himself sings the Vedas.	(ਆਪ ਦੀ ਹਜ਼ੂਰੀ ਵਿਚ ਇਤਨੇ ਮਹਾ ਰਿਸ਼ੀ ਵਿਆਸ ਦੇ ਲਿਖੇ ਹੋਏ ਧਰਮ ਪੁਸਤਕ) ਪੁਰਾਣ ਸਦਾ ਪੜ੍ਹੇ ਜਾਂਦੇ ਹਨ ਤੇ ਬ੍ਰਹਮਾ (ਭੀ ਆਪ ਦੀ ਹਜ਼ੂਰੀ ਵਿਚ) ਮੂੰਹੋਂ ਵੇਦਾਂ ਨੂੰ ਗਾ ਰਿਹਾ ਹੈ (ਭਾਵ, ਵਿਆਸ ਤੇ ਬ੍ਰਹਮਾ ਵਰਗੇ ਵੱਡੇ ਵੱਡੇ ਦੇਵਤੇ ਤੇ ਵਿਦਵਾਨ ਰਿਸ਼ੀ ਭੀ ਗੁਰੂ ਅਰਜਨ ਦੇ ਦਰ ਤੇ ਹਾਜ਼ਰ ਰਹਿਣ ਵਿਚ ਆਪਣੇ ਚੰਗੇ ਭਾਗ ਸਮਝਦੇ ਹਨ। ਮੇਰੇ ਵਾਸਤੇ ਤਾਂ ਗੁਰੂ ਦੀ ਬਾਣੀ ਹੀ ਪੁਰਾਣ ਅਤੇ ਵੇਦ ਹੈ)।

59824	1409	ਅਜੈ ਚਵਰੁ ਸਿਰਿ ਢੁਲੈ ਨਾਮੁ ਅੰਮ੍ਰਿਤੁ ਮੁਖਿ ਲੀਅਉ॥		Ajai Chavar Sir Dtulai Naam Anmrith Mukh Leeao ||	The invincible chauri, the fly-brush, waves over His head; with His mouth, He drinks in the Ambrosial Nectar of the Naam.	(ਆਪ ਦੇ) ਸਿਰ ਤੇ ਰੱਬੀ ਚਉਰ ਝੁੱਲ ਰਿਹਾ ਹੈ, ਆਪ ਨੇ ਆਤਮਕ ਜੀਵਣ ਦੇਣ ਵਾਲਾ ਨਾਮ ਮੂੰਹੋਂ (ਸਦਾ) ਉਚਾਰਿਆ ਹੈ।
59825	1409	ਗੁਰ ਅਰਜੁਨ ਸਿਰਿ ਛਤ੍ਰੁ ਆਪਿ ਪਰਮੇਸਰਿ ਦੀਅਉ॥		Gur Arajun Sir Shhathra Aap Paramaesar Dheeao ||	The Transcendent Lord Himself has placed the royal canopy over the head of Guru Arjun.	ਗੁਰੂ ਅਰਜੁਨ ਦੇਵ ਜੀ ਦੇ ਸਿਰ ਤੇ ਇਹ ਛਤਰ ਪਰਮੇਸੁਰ ਨੇ ਆਪ ਬਖ਼ਸ਼ਿਆ ਹੈ।
59826	1409	ਮਿਲਿ ਨਾਨਕ ਅੰਗਦ ਅਮਰ ਗੁਰ ਗੁਰੁ ਰਾਮਦਾਸੁ ਹਰਿ ਪਹਿ ਗਯਉ॥	ਗ-ਯਉ: ਯ ਤਾਲੂ ਤੋਂ ਬੋਲੋ।	Mil Naanak Angadh Amar Gur Gur Raamadhaas Har Pehi Gayo ||	Guru Nanak, Guru Angad, Guru Amar Daas and Guru Raam Daas met together before the Lord.	ਗੁਰੂ ਨਾਨਕ, ਗੁਰੂ ਅੰਗਦ ਤੇ ਗੁਰੂ ਅਮਰਦਾਸ ਜੀ ਨੂੰ ਮਿਲ ਕੇ, ਗੁਰੂ ਰਾਮਦਾਸ ਜੀ ਹਰੀ ਵਿਚ ਲੀਨ ਹੋ ਗਏ ਹਨ।
59827	1409	ਹਰਿਬੰਸ ਜਗਤਿ ਜਸੁ ਸੰਚਰ੍ਯਉ ਸੁ ਕਵਣੁ ਕਹੈ ਸ੍ਰੀ ਗੁਰੁ ਮੁਯਉ॥੧॥	ਗੁਰਮੁਖਿ ਹਰਿਬੰਸ ਭੱਟ। ਜੱਗ-ਤਿ। ਸੰਚਰ੍ਯਉ: ਸੰਚਰਿਅਉ। ਮੁ-ਯਉ: ਯ ਤਾਲੂ ਤੋਂ ਬੋਲੋ।	Haribans Jagath Jas Sancharyo S Kavan Kehai Sree Gur Muyo ||1||	So speaks HARBANS: Their Praises echo and resound all over the world; who can possibly say that the Great Gurus are dead? ||1||	ਹੇ ਹਰਿਬੰਸ! ਜਗਤ ਵਿਚ ਸਤਿਗੁਰੂ ਜੀ ਦੀ ਸੋਭਾ ਪਸਰ ਰਹੀ ਹੈ। ਕੌਣ ਆਖਦਾ ਹੈ, ਕਿ ਗੁਰੂ ਰਾਮਦਾਸ ਜੀ ਮੁਏ ਹਨ? ॥੧॥

59828	1409	ਦੇਵ ਪੁਰੀ ਮਹਿ ਗਯਉ ਆਪਿ ਪਰਮੇਸ੍ਵਰ ਭਾਯਉ॥	(ਦੇਵ) ਪਰਮਪੂਜਨੀਕ ਧਰਮੀ ਪਿਤਾ (ਦੇਵ) ਪ੍ਰਕਾਸ਼ ਸਰੂਪ ਦੀ (ਪੁਰੀ) ਸੱਚਖੰਡ। ਗ-ਯਉ ਭਾ-ਯਉ: ਯ ਤਾਲੂ ਤੋਂ ਬੋਲੋ।	Dhaev Puree Mehi Gayo Aap Paramaesvar Bhaayo ||	When it was the Will of the Transcendent Lord Himself, Guru Raam Daas went to the City of God.	(ਗੁਰੂ ਰਾਮ ਦਾਸ) ਸੱਚ ਖੰਡ ਵਿਚ ਗਿਆ ਹੈ ਹਰੀ ਨੂੰ ਇਹੀ ਰਜ਼ਾ ਚੰਗੀ ਲੱਗੀ ਹੈ।
59829	1409	ਹਰਿ ਸਿੰਘਾਸਣੁ ਦੀਅਉ ਸਿਰੀ ਗੁਰੁ ਤਹ ਬੈਠਾਯਉ॥	ਬੈਠਾ-ਯਉ: ਯ ਤਾਲੂ ਤੋਂ ਬੋਲੋ।	Har Singhaasan Dheeao Siree Gur Theh Baithaayo ||	The Lord offered Him His Royal Throne, and seated the Guru upon it.	ਹਰੀ ਨੇ (ਆਪ ਨੂੰ) ਤਖ਼ਤ ਦਿੱਤਾ ਹੈ ਤੇ ਉਸ ਉਤੇ ਸ੍ਰੀ ਗੁਰੂ (ਰਾਮਦਾਸ ਜੀ) ਨੂੰ ਬਿਠਾਇਆ ਹੈ।
59830	1409	ਰਹਸੁ ਕੀਅਉ ਸੁਰ ਦੇਵ ਤੋਹਿ ਜਸੁ ਜਯ ਜਯ ਜੰਪਹਿ॥	ਮਹਾਂ ਵਿਸਮਾਦ (ਰਹਸ) ਪ੍ਰਸੰਨਤਾ। (ਸੁਰ) ਦੇਵਤਿਆਂ ਦੇ ਪਰਮਪੂਜਨੀਕ ਧਰਮੀ (ਦੇਵ) ਪਿਤਾ, (ਦੇਵ) ਪ੍ਰਕਾਸ਼-ਸਰੂਪ ਅਕਾਲ ਪੁਰਖ ਜੀ। ਰਹਸੁ: ਪੋਲਾ ਬੋਲੋ ਮਿਲਵਾਂ। ਜ-ਯ: ਯ ਤਾਲੂ ਤੋਂ ਬੋਲੋ।	Rehas Keeao Sur Dhaev Thohi Jas Jay Jay Janpehi ||	The angels and gods were delighted; they proclaimed and celebrated Your victory, O Guru.	ਦੇਵਤਿਆਂ ਨੇ ਮੰਗਲਚਾਰ ਕੀਤਾ ਹੈ, ਤੇਰਾ ਜਸ ਤੇ ਜੈ-ਜੈਕਾਰ ਕਰ ਰਹੇ ਹਨ।
59831	1409	ਅਸੁਰ ਗਏ ਤੇ ਭਾਗਿ ਪਾਪ ਤਿਨ੍ ਭੀਤਰਿ ਕੰਪਹਿ॥	ਅ-ਸੁਰ	Asur Geae Thae Bhaag Paap Thinh Bheethar Kanpehi ||	The demons ran away; their sins made them shake and tremble inside.	ਉਹ (ਸਾਰੇ ਦੈਂਤ (ਉਥੋਂ) ਭੱਜ ਗਏ ਹਨ, (ਉਹਨਾਂ ਦੇ ਆਪਣੇ) ਪਾਪ ਉਹਨਾਂ ਦੇ ਅੰਦਰ ਕੰਬ ਰਹੇ ਹਨ।

59832	1409	ਕਾਟੇ ਸੁ ਪਾਪ ਤਿਨ੍ ਨਰਹੁ ਕੇ ਗੁਰੁ ਰਾਮਦਾਸੁ ਜਿਨ੍ ਪਾਇਯਉ॥	ਪਾਇ-ਯਉ	Kaattae S Paap Thinh Narahu Kae Gur Raamadhaas Jinh Paaeiyo ||	Those people who found Guru Raam Daas were rid of their sins.	ਉਹਨਾਂ ਮਨੁੱਖਾਂ ਦੇ ਪਾਪ ਕੱਟੇ ਗਏ ਹਨ, ਜਿਨ੍ਹਾਂ ਨੂੰ ਗੁਰੂ ਰਾਮਦਾਸ ਮਿਲ ਪਿਆ ਹੈ।
59833	1409	ਛਤ੍ਰੁ ਸਿੰਘਾਸਨੁ ਪਿਰਥਮੀ ਗੁਰ ਅਰਜੁਨ ਕਉ ਦੇ ਆਇਅਉ ॥੨॥੨੧॥੯॥੧੧॥ ੧੦॥੧੦॥੨੨ ॥੬੦॥੧੪੩॥	ਅਚੱਲ ਅਵਿਨਾਸੀ ਗੁਰਿਆਈ ਛਤ੍ਰੁ ਸਿੰਘਾਸਨੁ	Shhathra Singhaasan Pirathhamee Gur Arajun Ko Dhae Aaeiao ||2||21||9||11|| 10||10||22||60|| 143||	He gave the Royal Canopy and Throne to Guru Arjun, and came home. ||2||21||9||11||10|| 10||22||60||143||	ਗੁਰੂ ਰਾਮਦਾਸ ਧਰਤੀ ਦਾ ਛਤਰ ਤੇ ਸਿੰਘਾਸਣ ਗੁਰੂ ਅਰਜੁਨ ਸਾਹਿਬ ਜੀ ਨੂੰ ਦੇ ਆਇਆ ਹੈ ॥੨॥੨੧॥੯॥੧੧॥੧੦॥੧੦॥੨੨ ॥੬੦॥੧੪੩॥
59834	1410	ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ॥		Ik Oankaar Sath Naam Karathaa Purakh Nirabho Niravair Akaal Moorath Ajoonee Saibhan Gur Prasaadh ||	One Universal Creator God. Truth Is The Name. Creative Being Personified. No Fear. No Hatred. Image Of The Undying. Beyond Birth. Self-Existent. By Guru's Grace:	ਅਕਾਲ ਪੁਰਖ ਇੱਕ ਹੈ, ਜਿਸ ਦਾ ਨਾਮ 'ਹੋਂਦ ਵਾਲਾ' ਹੈ ਜੋ ਸ੍ਰਿਸ਼ਟੀ ਦਾ ਰਚਨਹਾਰ ਹੈ, ਜੋ ਸਭ ਵਿਚ ਵਿਆਪਕ ਹੈ, ਭੈ ਤੋਂ ਰਹਿਤ ਹੈ, ਵੈਰ-ਰਹਿਤ ਹੈ, ਜਿਸ ਦਾ ਸਰੂਪ ਕਾਲ ਤੋਂ ਪਰੇ ਹੈ, (ਭਾਵ, ਜਿਸ ਦਾ ਸਰੀਰ ਨਾਸ-ਰਹਿਤ ਹੈ), ਜੋ ਜੂਨਾਂ ਵਿਚ ਨਹੀਂ ਆਉਂਦਾ, ਜਿਸ ਦਾ ਪ੍ਰਕਾਸ਼ ਆਪਣੇ ਆਪ ਤੋਂ ਹੋਇਆ ਹੈ ਅਤੇ ਜੋ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

59835	1410	ਸਲੋਕ ਵਾਰਾਂ ਤੇ ਵਧੀਕ॥		Salok Vaaraan Thae Vadhheek ||	Shaloks In Addition To The Vaars.	ਬਾਣੀ 'ਸਲੋਕ ਵਾਰਾਂ ਤੇ ਵਧੀਕ'।
59836	1410	ਮਹਲਾ ੧॥		Mehalaa 1 ||	First Mehl:	ਗੁਰੂ ਨਾਨਕ ਦੀ।
59837	1410	ਉਤੰਗੀ ਪੈ ਓਹਰੀ ਗਹਿਰੀ ਗੰਭੀਰੀ॥	ਜ਼ੁਲਮ ਰੂਪੀ (ਉਤੰਗੀ) ਉੱਚੇ ਅੰਗਾਂ ਵਾਲੀਏ! (ਗਹਿ-ਰੀ) ਨਿਰਹੱਲ। (ਗੰਭੀਰੀ) ਗੰਭੀਰਤਾ ਵਾਲੇ ਗੁਰਾਂ ਦੇ ਚਰਨ-ਕਮਲਾਂ ਤੇ ਝੁਕ ਕੇ ਓਹਰੀ ਨਮਸਕਾਰ ਕਰਕੇ ਪੈ	Outhangee Paiouharee Gehiree Ganbheeree ||	O you with swollen breasts, let your consciousness become deep and profound.	ਉੱਚੇ ਲੰਮੇ ਕੱਦ ਵਾਲੀ, ਭਰ-ਜੁਆਨੀ ਤੇ ਅੱਪੜੀ ਹੋਈ, ਮਾਣ ਵਿਚ ਮੱਤੀ ਹੋਈ ਮਸਤ ਚਾਲ ਵਾਲੀ (ਆਪਣੀ ਸਹੇਲੀ ਨੂੰ ਆਖਦੀ ਹੈ-ਹੇ ਸਹੇਲੀਏ!)
59838	1410	ਸਸੁੜਿ ਸੁਹੀਆ ਕਿਵ ਕਰੀ ਨਿਵਣੁ ਨ ਜਾਇ ਥਣੀ॥	ਜ਼ੁਲਮ ਰੂਪੀ ਉੱਚੇ (ਥਣੀ) ਅਸਥਨਾਂ ਕਰਕੇ। ਸੱਸੁੜਿ	Sasurr Suheeaa Kiv Karee Nivan N Jaae Thhanee ||	O mother-in-law, how can I bow? Because of my stiff nipples, I cannot bow.	ਭਰਵੀਂ ਛਾਤੀ ਦੇ ਕਾਰਨ ਮੈਥੋਂ ਲਿਫ਼ਿਆ ਨਹੀਂ ਜਾਂਦਾ। (ਦੱਸ) ਮੈਂ (ਆਪਣੀ) ਸੱਸ ਨੂੰ ਨਮਸਕਾਰ ਕਿਵੇਂ ਕਰਾਂ? (ਮੱਥਾ ਕਿਵੇਂ ਟੇਕਾਂ?)।
59839	1410	ਗਚੁ ਜਿ ਲਗਾ ਗਿੜ ਵੜੀ ਸਖੀਏ ਧਉਲਹਰੀ॥	ਵਰ ਰੂਪ (ਗਚੁ) ਚੂਨਾ। (ਗਿੜ) ਪਹਾੜ। (ਵੜੀ) ਹਵੇਲੀਆਂ। ਹਰੀ ਦੇ ਮੰਦਰ ਮੱਕੇ (ਧਉਲਹਰੀ) ਮੁਨਾਰੇ	Gach J Lagaa Girravarree Sakheeeae Dhhouleharee ||	O sister, those mansions built as high as mountains	(ਅਗੋਂ ਸਹੇਲੀ ਉੱਤਰ ਦੇਂਦੀ ਹੈ-) ਹੇ ਸਹੇਲੀਏ! (ਇਸ) ਭਰਵੀਂ ਜੁਆਨੀ ਦੇ ਕਾਰਨ ਅਹੰਕਾਰ ਨਾ ਕਰ (ਇਹ ਜੁਆਨੀ ਜਾਂਦਿਆਂ ਚਿਰ ਨਹੀਂ ਲੱਗਣਾ।) (ਵੇਖ!) ਜਿਹੜੇ ਪਹਾੜਾਂ ਵਰਗੇ ਪੱਕੇ ਮਹੱਲਾਂ ਨੂੰ ਚੂਨੇ ਦਾ ਪਲਸਤਰ ਲੱਗਾ ਹੁੰਦਾ ਸੀ,

59840	1410	ਸੇ ਭੀ ਢਹਦੇ ਡਿਠੁ ਮੈ ਮੁੰਧ ਨ ਗਰਬੁ ਥਣੀ॥੧॥		Sae Bhee Dtehadhae Ddith Mai Mundhh N Garab Thhanee ||1||	- I have seen them come crumbling down. O bride, do not be so proud of your nipples. ||1||	ਉਹ (ਪੱਕੇ ਮਹੱਲ) ਭੀ ਡਿਗਦੇ ਮੈਂ ਵੇਖ ਲਏ ਹਨ (ਤੇਰੀ ਜੁਆਨੀ ਦੀ ਤਾਂ ਕੋਈ ਪਾਂਇਆਂ ਹੀ ਨਹੀਂ ਹੈ) ॥੧॥
59841	1410	ਸੁਣਿ ਮੁੰਧੇ ਹਰਣਾਖੀਏ ਗੂੜਾ ਵੈਣੁ ਅਪਾਰੁ॥	ਪਰਾਏ ਮਰਦ ਨੂੰ ਵਿਕਾਰ ਦ੍ਰਿਸਟੀ ਨਾਲ ਨਾ ਦੇਖਣ ਵਾਲੀਆਂ, ਹਰਨ ਜੈਸੀਆਂ ਸੁੰਦਰ ਅੱਖਾਂ ਵਾਲੀ (ਹਰਣਾਖੀਏ) ਸਖੀਏ, (ਵੈਣੁ) ਬਚਨ	Sun Mundhhae Haranaakheeeae Goorraa Vain Apaar ||	O bride with deer-like eyes, listen to the words of deep and infinite wisdom.	ਹੇ ਸੁੰਦਰ ਨੇਤ੍ਰਾਂ ਵਾਲੀਏ ਭੋਲੀਏ ਜੁਆਨ ਕੁੜੀਏ! (ਹੇ ਜਗਤ-ਰਚਨਾ ਵਿਚੋਂ ਸੋਹਣੀ ਜੀਵ-ਇਸਤ੍ਰੀਏ!) ਮੇਰੀ ਇਕ ਬਹੁਤ ਡੂੰਘੀ ਭੇਤ ਦੀ ਗੱਲ ਸੁਣ।
59842	1410	ਪਹਿਲਾ ਵਸਤੁ ਸਿਞਾਣਿ ਕੈ ਤਾਂ ਕੀਚੈ ਵਾਪਾਰੁ॥		Pehilaa Vasath Sinjaan Kai Thaan Keechai Vaapaar ||	First, examine the merchandise, and then, make the deal.	(ਜਦੋਂ ਕੋਈ ਚੀਜ਼ ਖ਼ਰੀਦਣ ਲੱਗੀਏ, ਤਾਂ) ਪਹਿਲਾਂ (ਉਸ) ਚੀਜ਼ ਨੂੰ ਪਰਖ ਕੇ ਤਦੋਂ ਉਸ ਦਾ ਵਪਾਰ ਕਰਨਾ ਚਾਹੀਦਾ ਹੈ (ਤਦੋਂ ਉਹ ਖ਼ਰੀਦਣੀ ਚਾਹੀਦੀ ਹੈ)।

59843	1410	ਦੋਹੀ ਦਿਚੈ ਦੁਰਜਨਾ ਮਿਤ੍ਰਾਂ ਕੂੰ ਜੈਕਾਰੁ॥		Dhohee Dhichai Dhurajanaa Mithraan Koon Jaikaar ||	Proclaim that you will not associate with evil people; celebrate victory with your friends.	ਹੇ ਭੋਲੀਏ ਜੁਆਨ ਕੁੜੀਏ! (ਕਾਮਾਦਿਕ ਵਿਕਾਰ ਆਤਮਕ ਜੀਵਨ ਦੇ ਵੈਰੀ ਹਨ, ਇਹਨਾਂ) ਦੁਸ਼ਟਾਂ ਨੂੰ (ਅੰਦਰੋਂ ਕੱਢਣ ਲਈ ਪ੍ਰਭੂ ਦੀ ਸਿਫ਼ਤ-ਸਾਲਾਹ ਦੀ) ਦੁਹਾਈ ਦੇਂਦੇ ਰਹਿਣਾ ਚਾਹੀਦਾ ਹੈ (ਭਲੇ ਗੁਣ ਆਤਮਕ ਜੀਵਨ ਦੇ ਅਸਲ ਮਿੱਤਰ ਹਨ, ਇਹਨਾਂ) ਮਿੱਤਰਾਂ ਦੇ ਸਾਥ ਦੀ ਖ਼ਾਤਰ (ਪਰਮਾਤਮਾ ਦੀ) ਸਿਫ਼ਤ-ਸਾਲਾਹ ਕਰਦੇ ਰਹਿਣਾ ਚਾਹੀਦਾ ਹੈ।
59844	1410	ਜਿਤੁ ਦੋਹੀ ਸਜਣ ਮਿਲਨਿ ਲਹੁ ਮੁੰਧੇ ਵੀਚਾਰੁ॥		Jith Dhohee Sajan Milan Lahu Mundhhae Veechaar ||	This proclamation, to meet with your friends, O bride - give it some thought.	ਹੇ ਭੋਲੀਏ! ਜਿਸ ਦੁਹਾਈ ਦੀ ਬਰਕਤਿ ਨਾਲ ਇਹ ਸੱਜਣ ਮਿਲੇ ਰਹਿਣ, (ਉਸ ਦੁਹਾਈ ਦੀ) ਵਿਚਾਰ ਨੂੰ (ਆਪਣੇ ਅੰਦਰ) ਸਾਂਭ ਰੱਖ।
59845	1410	ਤਨੁ ਮਨੁ ਦੀਜੈ ਸਜਣਾ ਐਸਾ ਹਸਣੁ ਸਾਰੁ॥	ਹੱਸਣੁ	Than Man Dheejai Sajanaa Aisaa Hasan Saar ||	Surrender mind and body to the Lord your Friend; this is the most excellent pleasure.	(ਇਹਨਾਂ) ਸੱਜਣਾਂ (ਦੇ ਮਿਲਾਪ) ਦੀ ਖ਼ਾਤਰ ਆਪਣਾ ਤਨ ਆਪਣਾ ਮਨ ਭੇਟ ਕਰ ਦੇਣਾ ਚਾਹੀਦਾ ਹੈ (ਆਪਣੇ ਮਨ ਅਤੇ ਇੰਦ੍ਰਿਆਂ ਦੀ ਨੀਵੀਂ ਪ੍ਰੇਰਨਾ ਤੋਂ ਬਚੇ ਰਹਿਣਾ ਚਾਹੀਦਾ ਹੈ) (ਇਸ ਤਰ੍ਹਾਂ ਇਕ) ਅਜਿਹਾ (ਆਤਮਕ) ਆਨੰਦ ਪੈਦਾ ਹੁੰਦਾ ਹੈ (ਜੋ ਹੋਰ ਸਾਰੀਆਂ ਖ਼ੁਸ਼ੀਆਂ ਨਾਲੋਂ ਸ੍ਰੇਸ਼ਟ ਹੁੰਦਾ ਹੈ।

59846	1410	ਤਿਸ ਸਉ ਨੇਹੁ ਨ ਕੀਚਈ ਜਿ ਦਿਸੈ ਚਲਣਹਾਰੁ॥		This So Naehu N Keechee J Dhisai Chalanehaar ||	Do not fall in love with one who is destined to leave.	ਹੇ ਭੋਲੀਏ! (ਇਹ ਜਗਤ-ਪਸਾਰਾ) ਨਾਸਵੰਤ ਦਿੱਸ ਰਿਹਾ ਹੈ; ਇਸ ਨਾਲ ਮੋਹ ਨਹੀਂ ਕਰਨਾ ਚਾਹੀਦਾ।
59847	1410	ਨਾਨਕ ਜਿਨੀ ਇਵ ਕਰਿ ਬੁਝਿਆ ਤਿਨਾ ਵਿਟਹੁ ਕੁਰਬਾਣੁ॥੨॥		Naanak Jinhee Eiv Kar Bujhiaa Thinhaa Vittahu Kurabaan ||2||	O Nanak, I am a sacrifice to those who understand this. ||2||	ਹੇ ਨਾਨਕ! ਜਿਨ੍ਹਾਂ (ਵਡ-ਭਾਗੀਆਂ ਨੇ) (ਆਤਮਕ ਜੀਵਨ ਦੇ ਭੇਤ ਨੂੰ) ਇਸ ਤਰ੍ਹਾਂ ਸਮਝਿਆ ਹੈ, ਮੈਂ ਉਹਨਾਂ ਤੋਂ ਸਦਕੇ (ਜਾਂਦਾ ਹਾਂ) ॥੨॥
59848	1410	ਜੇ ਤੂੰ ਤਾਰੂ ਪਾਣਿ ਤਾਹੂ ਪੁਛੁ ਤਿੜੰਨ੍ ਕਲ॥	(ਤਿੜੰਨ੍) ਤਰਨਾ।ਕਲ: ਪੋਲਾ ਬੋਲੋ। (ਕਲ) ਜੁਗਤੀ	Jae Thoon Thaaroo Paan Thaahoo Pushh Thirrannh Kal ||	If you wish to swim across the water, then consult those who know how to swim.	ਜੇ ਤੂੰ (ਸੰਸਾਰ-ਸਮੁੰਦਰ ਦੇ) ਪਾਣੀਆਂ ਦਾ ਤਾਰੂ (ਬਣਨਾ ਚਾਹੁੰਦਾ ਹੈਂ), (ਤਾਂ ਤਰਨ ਦੀ ਜਾਚ) ਉਹਨਾਂ ਪਾਸੋਂ ਪੁੱਛ (ਜਿਨ੍ਹਾਂ ਨੂੰ ਇਸ ਸੰਸਾਰ-ਸਮੁੰਦਰ ਵਿਚੋਂ) ਪਾਰ ਲੰਘਣ ਦੀ ਜਾਚ ਹੈ।
59849	1410	ਤਾਹੂ ਖਰੇ ਸੁਜਾਣ ਵੰਞਾਏਨ੍ਹੀ ਕਪਰੀ॥੩॥	ਵੰਞਾਏਨ੍ਹੀ ਰੁੜ੍ ਗਏ।ਔਗੁਣਾਂ ਵਿਕਾਰਾਂ ਵੱਡੇ ਪਾਪਾਂ ਦੀਆਂ ਕੱਪਰੀਂ ਲਹਿਰਾਂ	Thaahoo Kharae Sujaan Vannjaa Eaenhee Kaparee ||3||	Those who have survived these treacherous waves are very wise. ||3||	ਉਹ ਮਨੁੱਖ ਹੀ ਅਸਲ ਸਿਆਣੇ (ਤਾਰੂ ਹਨ, ਜੋ ਸੰਸਾਰ-ਸਮੁੰਦਰ ਦੀਆਂ ਇਹਨਾਂ ਵਿਕਾਰਾਂ ਦੀਆਂ ਲਹਿਰਾਂ ਵਿਚੋਂ ਪਾਰ ਲੰਘਦੇ ਹਨ)। ਮੈਂ (ਭੀ ਉਹਨਾਂ ਦੀ ਸੰਗਤ ਵਿਚ ਹੀ) ਇਹਨਾਂ ਲਹਿਰਾਂ ਤੋਂ ਪਾਰ ਲੰਘ ਸਕਦਾ ਹਾਂ ॥੩॥

59850	1410	ਝੜ ਝਖੜ ਓਹਾੜ ਲਹਰੀ ਵਹਨਿ ਲਖੇ ਸਰੀ॥	(ਝੜ) ਝੜੀ (ਝੱਖੜ) ਤੁਫ਼ਾਨ। (ਓਹਾੜ) ਹੜ੍। ਆਸਾ ਰੂਪ (ਸਰੀ) ਨਦੀ ਦੀਆਂ। (ਲੱਖੇ) ਲੱਖਾਂ ਲਹਰੀ ਲਹਿਰਾਂ	Jharr Jhakharr Ouhaarr Leharee Vehan Lakhaesaree ||	The storm rages and the rain floods the land; thousands of waves rise and surge.	(ਇਸ ਸੰਸਾਰ-ਸਮੁੰਦਰ ਵਿਚ ਵਿਕਾਰਾਂ ਦੀਆਂ) ਝੜੀਆਂ (ਲੱਗੀਆਂ ਹੋਈਆਂ ਹਨ, ਵਿਕਾਰਾਂ ਦੇ) ਝੱਖੜ (ਝੁੱਲ ਰਹੇ ਹਨ, ਵਿਕਾਰਾਂ ਦੇ) ਹੜ੍ (ਆ ਰਹੇ ਹਨ, ਵਿਕਾਰਾਂ ਦੀਆਂ) ਲੱਖਾਂ ਹੀ ਠਿੱਲਾਂ ਪੈ ਰਹੀਆਂ ਹਨ।
59851	1410	ਸਤਿਗੁਰ ਸਿਉ ਆਲਾਇ ਬੇੜੇ ਡੁਬਣਿ ਨਾਹਿ ਭਉ॥੪॥		Sathigur Sio Aalaae Baerrae Dduban Naahi Bho ||4||	If you cry out for help from the True Guru, you have nothing to fear - your boat will not sink. ||4||	(ਜੇ ਤੂੰ ਆਪਣੀ ਜ਼ਿੰਦਗੀ ਦੀ ਬੇੜੀ ਨੂੰ ਬਚਾਣਾ ਚਾਹੁੰਦਾ ਹੈਂ, ਤਾਂ) ਗੁਰੂ ਪਾਸ ਪੁਕਾਰ ਕਰ (ਇਸ ਤਰ੍ਹਾਂ ਤੇਰੀ ਜੀਵਨ-) ਬੇੜੀ ਦੇ (ਇਸ ਸੰਸਾਰ-ਸਮੁੰਦਰ ਵਿਚ) ਡੁੱਬ ਜਾਣ ਬਾਰੇ ਕੋਈ ਖ਼ਤਰਾ ਨਹੀਂ ਰਹਿ ਜਾਇਗਾ ॥੪॥
59852	1410	ਨਾਨਕ ਦੁਨੀਆ ਕੈਸੀ ਹੋਈ॥		Naanak Dhuneeaa Kaisee Hoee ||	O Nanak, what has happened to the world?	ਹੇ ਨਾਨਕ! ਦੁਨੀਆ (ਦੀ ਲੁਕਾਈ) ਅਜਬ ਨੀਵੇਂ ਪਾਸੇ ਜਾ ਰਹੀ ਹੈ।
59853	1410	ਸਾਲਕੁ ਮਿਤੁ ਨ ਰਹਿਓ ਕੋਈ॥	ਪੂਰਨ (ਸਾਲਕੁ) ਗਿਆਨਵਾਨ	Saalak Mith N Rehiou Koee ||	There is no guide or friend.	ਸਹੀ ਜੀਵਨ-ਰਸਤਾ ਦੱਸਣ ਵਾਲਾ ਮਿੱਤਰ ਕਿਤੇ ਕੋਈ ਲੱਭਦਾ ਨਹੀਂ।
59854	1410	ਭਾਈ ਬੰਧੀ ਹੇਤੁ ਚੁਕਾਇਆ॥		Bhaaee Bandhhee Haeth Chukaaeiaa ||	There is no love, even among brothers and relatives.	ਭਰਾਵਾਂ ਸਨਬੰਧੀਆਂ ਦੇ ਮੋਹ ਵਿਚ ਫਸ ਕੇ (ਮਨੁੱਖ ਪਰਮਾਤਮਾ ਦਾ) ਪਿਆਰ (ਆਪਣੇ ਅੰਦਰੋਂ) ਮੁਕਾਈ ਬੈਠਾ ਹੈ।

59855	1410	ਦੁਨੀਆ ਕਾਰਣਿ ਦੀਨੁ ਗਵਾਇਆ॥੫॥		Dhuneeaa Kaaran Dheen Gavaaeiaa ||5||	For the sake of the world, people have lost their faith. ||5||	ਦੁਨੀਆ (ਦੀ ਮਾਇਆ) ਦੀ ਖ਼ਾਤਰ ਆਤਮਕ ਜੀਵਨ ਦਾ ਸਰਮਾਇਆ ਗੰਵਾਈ ਜਾ ਰਿਹਾ ਹੈ ॥੫॥
59856	1410	ਹੈ ਹੈ ਕਰਿ ਕੈ ਓਹਿ ਕਰੇਨਿ॥		Hai Hai Kar Kai Ouhi Karaen ||	They cry and weep and wail.	(ਕਿਸੇ ਪਿਆਰੇ ਸਨਬੰਧੀ ਦੇ ਮਰਨ ਤੇ ਜ਼ਨਾਨੀਆਂ) 'ਹਾਇ ਹਾਇ' ਆਖ ਆਖ ਕੇ 'ਓਇ ਓਇ' ਕਰਦੀਆਂ ਹਨ (ਮੂੰਹੋਂ ਆਖਦੀਆਂ ਹਨ। ਆਪਣੀਆਂ)
59857	1410	ਗਲ੍ਹਾ ਪਿਟਨਿ ਸਿਰੁ ਖੋਹੇਨਿ॥	ਗੱਲ੍ਹਾਂ। ਪਿੱਟਨਿ	Galhaa Pittan Sir Khohaen ||	They slap their faces and pull their hair out.	ਗੱਲ੍ਹਾਂ ਪਿੱਟਦੀਆਂ ਹਨ (ਆਪਣੇ) ਸਿਰ (ਦੇ ਵਾਲ) ਖੁੰਹਦੀਆਂ ਹਨ (ਇਹ ਬਹੁਤ ਹੀ ਮਾੜਾ ਕਰਮ ਹੈ)।
59858	1410	ਨਾਉ ਲੈਨਿ ਅਰੁ ਕਰਨਿ ਸਮਾਇ॥		Naao Lain Ar Karan Samaae ||	But if they chant the Naam, the Name of the Lord, they shall be absorbed into it.	ਜਿਹੜੇ ਪ੍ਰਾਣੀ (ਅਜਿਹੇ ਸਦਮੇ ਦੇ ਸਮੇ ਭੀ ਪਰਮਾਤਮਾ ਦਾ) ਨਾਮ ਜਪਦੇ ਹਨ, ਅਤੇ (ਪਰਮਾਤਮਾ ਦੀ) ਰਜ਼ਾ ਨੂੰ ਮੰਨਦੇ ਹਨ,
59859	1410	ਨਾਨਕ ਤਿਨ ਬਲਿਹਾਰੈ ਜਾਇ॥੬॥		Naanak Thin Balihaarai Jaae ||6||	O Nanak, I am a sacrifice to them. ||6||	ਨਾਨਕ ਉਹਨਾਂ ਤੋਂ ਸਦਕੇ ਜਾਂਦਾ ਹੈ ॥੬॥
59860	1410	ਰੇ ਮਨ ਡੀਗਿ ਨ ਡੋਲੀਐ ਸੀਧੈ ਮਾਰਗਿ ਧਾਉ॥		Rae Man Ddeeg N Ddoleeai Seedhhai Maarag Dhhaao ||	O my mind, do not waver or walk on the crooked path; take the straight and true path.	ਹੇ ਮਨ! (ਵਿਕਾਰਾਂ-ਭਰੇ) ਵਿੰਗੇ (ਜੀਵਨ-) ਰਸਤੇ ਉੱਤੇ ਨਹੀਂ ਭਟਕਦੇ ਫਿਰਨਾ ਚਾਹੀਦਾ। ਹੇ ਮਨ! ਸਿੱਧੇ (ਜੀਵਨ-) ਰਾਹ ਉੱਤੇ ਦੌੜ।

59861	1410	ਪਾਛੈ ਬਾਘੁ ਡਰਾਵਣੋ ਆਗੈ ਅਗਨਿ ਤਲਾਉ॥		Paashhai Baagh Ddaraavano Aagai Agan Thalaao ||	The terrible tiger is behind you, and the pool of fire is ahead.	(ਵਿੰਗੇ ਰਸਤੇ ਤੁਰਿਆਂ) ਇਸ ਲੋਕ ਵਿਚ ਭਿਆਨਕ ਆਤਮਕ ਮੌਤ (ਆਤਮਕ ਜੀਵਨ ਨੂੰ ਖਾਈ ਜਾਂਦੀ ਹੈ, ਤੇ) ਅਗਾਂਹ ਪਰਲੋਕ ਵਿਚ ਜਠਰਾਗਨੀ ਦੀ ਘੁੰਮਣ-ਘੇਰੀ (ਡੋਬ ਲੈਂਦੀ ਹੈ ਭਾਵ, ਜਨਮ ਮਰਨ ਦਾ ਗੇੜ ਗ੍ਰਸ ਲੈਂਦਾ ਹੈ)।
59862	1410	ਸਹਸੈ ਜੀਅਰਾ ਪਰਿ ਰਹਿਓ ਮਾ ਕਉ ਅਵਰੁ ਨ ਢੰਗੁ॥	(ਮਾ) ਦਾਸਨ ਦਾਸ। (ਮਾ) ਬਿੰਦੀ ਨਹੀਂ ਲਾਉਣੀ	Sehasai Jeearaa Par Rehiou Maa Ko Avar N Dtang ||	My soul is skeptical and doubtful, but I cannot see any other way to go.	(ਵਿੰਗੇ ਰਸਤੇ ਤੁਰਿਆਂ ਹਰ ਵੇਲੇ ਇਹ) ਜਿੰਦ ਸਹਮ ਵਿਚ ਪਈ ਰਹਿੰਦੀ ਹੈ। ਹੇ ਮਨ! (ਇਸ ਵਿੰਗੇ ਰਸਤੇ ਤੋਂ ਬਚਣ ਲਈ ਗੁਰੂ ਦੀ ਸਰਨ ਤੋਂ ਬਿਨਾ) ਮੈਨੂੰ ਕੋਈ ਹੋਰ ਤਰੀਕਾ ਨਹੀਂ ਸੁੱਝਦਾ।
59863	1410	ਨਾਨਕ ਗੁਰਮੁਖਿ ਛੁਟੀਐ ਹਰਿ ਪ੍ਰੀਤਮ ਸਿਉ ਸੰਗੁ॥੭॥		Naanak Guramukh Shhutteeai Har Preetham Sio Sang ||7||	O Nanak, as Gurmukh, dwell with your Beloved Lord, and you shall be saved. ||7||	ਹੇ ਨਾਨਕ! ਗੁਰੂ ਦੀ ਸਰਨ ਪੈ ਕੇ (ਹੀ ਇਸ ਵਿੰਗੇ ਰਸਤੇ ਤੋਂ) ਬਚ ਸਕੀਦਾ ਹੈ, ਅਤੇ ਪ੍ਰੀਤਮ ਪ੍ਰਭੂ ਨਾਲ ਸਾਥ ਬਣ ਸਕਦਾ ਹੈ ॥੭॥
59864	1410	ਬਾਘੁ ਮਰੈ ਮਨੁ ਮਾਰੀਐ ਜਿਸੁ ਸਤਿਗੁਰ ਦੀਖਿਆ ਹੋਇ॥		Baagh Marai Man Maareeai Jis Sathigur Dheekhiaa Hoe ||	The tiger is killed, and the mind is killed, through the Teachings of the True Guru.	ਜਿਸ (ਮਨੁੱਖ) ਨੂੰ ਗੁਰੂ ਦੀ ਸਿੱਖਿਆ (ਪ੍ਰਾਪਤ) ਹੁੰਦੀ ਹੈ, (ਉਸ ਦਾ) ਮਨ ਵੱਸ ਵਿਚ ਆ ਜਾਂਦਾ ਹੈ, (ਉਸ ਦੇ ਅੰਦਰੋਂ ਆਤਮਕ ਜੀਵਨ ਨੂੰ ਖਾ ਜਾਣ ਵਾਲਾ) ਬਘਿਆੜ ਮਰ ਜਾਂਦਾ ਹੈ।

59865	1410	ਆਪੁ ਪਛਾਣੈ ਹਰਿ ਮਿਲੈ ਬਹੁੜਿ ਨ ਮਰਣਾ ਹੋਇ॥		Aap Pashhaanai Har Milai Bahurr N Maranaa Hoe ||	One who understands himself, meets with the Lord, and never dies again.	(ਉਹ ਮਨੁੱਖ) ਆਪਣੇ ਆਤਮਕ ਜੀਵਨ ਨੂੰ ਪਰਖਦਾ ਰਹਿੰਦਾ ਹੈ, ਉਹ ਪਰਮਾਤਮਾ ਨੂੰ ਮਿਲ ਪੈਂਦਾ ਹੈ, ਮੁੜ ਉਸ ਨੂੰ ਜਨਮ ਮਰਨ ਦਾ ਗੇੜ ਨਹੀਂ ਹੁੰਦਾ।
59866	1411	ਕੀਚੜਿ ਹਾਥੁ ਨ ਬੂਡਈ ਏਕਾ ਨਦਰਿ ਨਿਹਾਲਿ॥		Keecharr Haathh N Booddee Eaekaa Nadhar Nihaal ||	One who sees the One and Only Lord with his eyes - his hands shall not get muddy and dirty.	ਪਰਮਾਤਮਾ (ਉਸ ਮਨੁੱਖ ਨੂੰ) ਮਿਹਰ ਦੀ ਨਿਗਾਹ ਨਾਲ ਵੇਖਦਾ ਹੈ (ਇਸ ਵਾਸਤੇ ਉਸ ਦਾ) ਹੱਥ ਚਿੱਕੜ ਵਿਚ ਨਹੀਂ ਡੁੱਬਦਾ (ਉਸ ਦਾ ਮਨ ਵਿਕਾਰਾਂ ਵਿਚ ਨਹੀਂ ਫਸਦਾ)।
59867	1411	ਨਾਨਕ ਗੁਰਮੁਖਿ ਉਬਰੇ ਗੁਰੁ ਸਰਵਰੁ ਸਚੀ ਪਾਲਿ॥੮॥		Naanak Guramukh Oubarae Gur Saravar Sachee Paal ||8||	O Nanak, the Gurmukhs are saved; the Guru has surrounded the ocean with the embankment of Truth. ||8||	ਹੇ ਨਾਨਕ! ਗੁਰੂ ਦੀ ਸਰਨ ਪੈਣ ਵਾਲੇ ਮਨੁੱਖ (ਹੀ ਵਿਕਾਰਾਂ ਦੇ ਚਿੱਕੜ ਵਿਚ ਡੁੱਬਣੋਂ) ਬਚ ਨਿਕਲਦੇ ਹਨ। ਗੁਰੂ ਹੀ (ਨਾਮ ਦਾ) ਸਰੋਵਰ ਹੈ, ਗੁਰੂ ਹੀ ਸਦਾ-ਥਿਰ ਰਹਿਣ ਵਾਲੀ ਕੰਧ ਹੈ (ਜੋ ਵਿਕਾਰਾਂ ਦੇ ਚਿੱਕੜ ਵਿਚ ਲਿੱਬੜਨ ਤੋਂ ਬਚਾਂਦਾ ਹੈ) ॥੮॥
59868	1411	ਅਗਨਿ ਮਰੈ ਜਲੁ ਲੋੜਿ ਲਹੁ ਵਿਣੁ ਗੁਰ ਨਿਧਿਜਲੁ ਨਾਹਿ॥	(ਨਿਧਿਜਲੁ) ਬੱਦਲ, ਅੰਮ੍ਰਿਤ, ਸਮੁੰਦ੍ਰ	Agan Marai Jal Lorr Lahu Vin Gur Nidhh Jal Naahi ||	If you wish to put out the fire, then look for water; without the Guru, the ocean of water is not found.	(ਗੁਰੂ ਦੀ ਸਰਨ ਪੈ ਕੇ ਨਾਮ-) ਜਲ ਢੂੰਢ ਲੈ (ਇਸ ਨਾਮ-ਜਲ ਦੀ ਬਰਕਤਿ ਨਾਲ) ਤ੍ਰਿਸ਼ਨਾ ਦੀ ਅੱਗ ਬੁੱਝ ਜਾਂਦੀ ਹੈ। (ਪਰ) ਗੁਰੂ (ਦੀ ਸਰਨ) ਤੋਂ ਬਿਨਾ ਨਾਮ-ਸਰੋਵਰ ਦਾ ਇਹ ਜਲ ਮਿਲਦਾ ਨਹੀਂ।

59869	1411	ਜਨਮਿ ਮਰੈ ਭਰਮਾਈਐ ਜੇ ਲਖ ਕਰਮ ਕਮਾਹਿ॥		Janam Marai Bharamaaeeai Jae Lakh Karam Kamaahi ||	You shall continue to wander lost in reincarnation through birth and death, even if you do thousands of other deeds.	(ਇਸ ਜਲ ਤੋਂ ਬਿਨਾ) ਮਨੁੱਖ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ, ਅਨੇਕਾਂ ਜੂਨਾਂ ਵਿਚ ਭਵਾਇਆ ਜਾਂਦਾ ਹੈ। ਹੇ ਭਾਈ ਜੇ ਮਨੁੱਖ (ਨਾਮ ਨੂੰ ਭੁਲਾ ਕੇ ਹੋਰ) ਲੱਖਾਂ ਕਰਮ ਕਮਾਂਦੇ ਰਹਿਣ (ਤਾਂ ਭੀ ਇਹ ਅੰਦਰਲੀ ਅੱਗ ਨਹੀਂ ਮਰਦੀ)।
59870	1411	ਜਮੁ ਜਾਗਾਤਿ ਨ ਲਗਈ ਜੇ ਚਲੈ ਸਤਿਗੁਰ ਭਾਇ॥		Jam Jaagaath N Lagee Jae Chalai Sathigur Bhaae ||	But you shall not be taxed by the Messenger of Death, if you walk in harmony with the Will of the True Guru.	ਜੇ ਮਨੁੱਖ ਗੁਰੂ ਦੀ ਰਜ਼ਾ ਵਿਚ ਤੁਰਦਾ ਰਹੇ, ਤਾਂ ਜਮਰਾਜ ਮਸੂਲੀਆ (ਉਸ ਉਤੇ) ਆਪਣਾ ਵਾਰ ਨਹੀਂ ਕਰ ਸਕਦਾ।
59871	1411	ਨਾਨਕ ਨਿਰਮਲੁ ਅਮਰਪਦੁ ਗੁਰੁ ਹਰਿ ਮੇਲੈ ਮੇਲਾਇ॥੯॥		Naanak Niramal Amar Padh Gur Har Maelai Maelaae ||9||	O Nanak, the immaculate, immortal status is obtained, and the Guru will unite you in the Lord's Union. ||9||	ਹੇ ਨਾਨਕ! ਗੁਰੂ (ਮਨੁੱਖ) ਨੂੰ ਪਵਿੱਤਰ ਉੱਚਾ ਆਤਮਕ ਦਰਜਾ ਬਖ਼ਸ਼ਦਾ ਹੈ, ਗੁਰੂ (ਮਨੁੱਖ ਨੂੰ) ਪਰਮਾਤਮਾ ਨਾਲ ਮਿਲਾ ਦੇਂਦਾ ਹੈ ॥੯॥
59872	1411	ਕਲਰ ਕੇਰੀ ਛਪੜੀ ਕਉਆ ਮਲਿ ਮਲਿ ਨਾਇ॥	ਕੱਲਰ। ਨ੍ਹਾਇ	Kalar Kaeree Shhaparree Kooaa Mal Mal Naae ||	The crow rubs and washes itself in the mud puddle.	(ਵਿਕਾਰਾਂ ਦੀ ਕਾਲਖ ਨਾਲ) ਕਾਲੇ ਹੋਏ ਮਨ ਵਾਲਾ ਮਨੁੱਖ (ਵਿਕਾਰਾਂ ਦੇ) ਕੱਲਰ ਦੀ ਛੱਪੜੀ ਵਿਚ ਬੜੇ ਸ਼ੌਕ ਨਾਲ ਇਸ਼ਨਾਨ ਕਰਦਾ ਰਹਿੰਦਾ ਹੈ।

59873	1411	ਮਨੁ ਤਨੁ ਮੈਲਾ ਅਵਗੁਣੀ ਚਿੰਜੁ ਭਰੀ ਗੰਧੀ ਆਇ॥		Man Than Mailaa Avagunee Chinj Bharee Gandhhee Aae ||	Its mind and body are polluted with its own mistakes and demerits, and its beak is filled with dirt.	(ਇਸ ਕਰਕੇ ਉਸ ਦਾ) ਮਨ (ਉਸ ਦਾ) ਤਨ ਵਿਕਾਰਾਂ (ਦੀ ਮੈਲ) ਨਾਲ ਮੈਲਾ ਹੋਇਆ ਰਹਿੰਦਾ ਹੈ (ਜਿਵੇਂ ਕਾਂ ਦੀ) ਚੁੰਝ ਗੰਦ ਨਾਲ ਹੀ ਭਰੀ ਰਹਿੰਦੀ ਹੈ (ਤਿਵੇਂ ਵਿਕਾਰੀ ਮਨੁੱਖ ਦਾ ਮੂੰਹ ਭੀ ਨਿੰਦਾ ਆਦਿਕ ਗੰਦ ਨਾਲ ਹੀ ਭਰਿਆ ਰਹਿੰਦਾ ਹੈ)।
59874	1411	ਸਰਵਰੁ ਹੰਸਿ ਨ ਜਾਣਿਆ ਕਾਗ ਕੁਪੰਖੀ ਸੰਗਿ॥		Saravar Hans N Jaaniaa Kaag Kupankhee Sang ||	The swan in the pool associated with the crow, not knowing that it was evil.	ਭੈੜੇ ਪੰਛੀ ਕਾਵਾਂ ਦੀ ਸੰਗਤ ਵਿਚ (ਵਿਕਾਰੀ ਬੰਦਿਆਂ ਦੀ ਸੁਹਬਤ ਵਿਚ ਪਰਮਾਤਮਾ ਦੀ ਅੰਸ਼ ਜੀਵ-) ਹੰਸ ਨੇ (ਗੁਰੂ-) ਸਰੋਵਰ (ਦੀ ਕਦਰ) ਨਾਹ ਸਮਝੀ।
59875	1411	ਸਾਕਤ ਸਿਉ ਐਸੀ ਪ੍ਰੀਤਿ ਹੈ ਬੂਝਹੁ ਗਿਆਨੀ ਰੰਗਿ॥		Saakath Sio Aisee Preeth Hai Boojhahu Giaanee Rang ||	Such is the love of the faithless cynic; understand this, O spiritually wise ones, through love and devotion.	ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖਾਂ ਨਾਲ ਜੋੜੀ ਹੋਈ ਪ੍ਰੀਤ ਇਹੋ ਜਿਹੀ ਹੀ ਹੁੰਦੀ ਹੈ। ਹੇ ਆਤਮਕ ਜੀਵਨ ਦੀ ਸੂਝ ਹਾਸਲ ਕਰਨ ਦੇ ਚਾਹਵਾਨ ਮਨੁੱਖ! ਪਰਮਾਤਮਾ ਦੇ ਪ੍ਰੇਮ ਵਿਚ ਟਿਕ ਕੇ (ਜੀਵਨ-ਰਾਹ ਨੂੰ) ਸਮਝ।
59876	1411	ਸੰਤ ਸਭਾ ਜੈਕਾਰੁ ਕਰਿ ਗੁਰਮੁਖਿ ਕਰਮ ਕਮਾਉ॥		Santh Sabhaa Jaikaar Kar Guramukh Karam Kamaao ||	So proclaim the victory of the Society of the Saints, and act as Gurmukh.	ਸਾਧ ਸੰਗਤ ਵਿਚ ਟਿਕ ਕੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਿਆ ਕਰ, ਗੁਰੂ ਦੇ ਸਨਮੁਖ ਰੱਖਣ ਵਾਲੇ ਕਰਮ ਕਮਾਇਆ ਕਰ-ਇਹੀ ਹੈ ਪਵਿੱਤਰ ਇਸ਼ਨਾਨ।

59877	1411	ਨਿਰਮਲੁ ਨ੍ਹਾਵਣੁ ਨਾਨਕਾ ਗੁਰੁ ਤੀਰਥੁ ਦਰੀਆਉ॥੧੦॥	ਦਰੀ-ਅਉ	Niramal Nhaavan Naanakaa Gur Theerathh Dhareeaao ||10||	Immaculate and pure is that cleansing bath, O Nanak, at the sacred shrine of the Guru's river. ||10||	ਹੇ ਨਾਨਕ! ਗੁਰੂ ਹੀ ਤੀਰਥ ਹੈ ਗੁਰੂ ਹੀ ਦਰੀਆਉ ਹੈ (ਗੁਰੂ ਵਿਚ ਚੁੱਭੀ ਲਾਈ ਰੱਖਣੀ ਹੀ ਪਵਿੱਤਰ ਇਸ਼ਨਾਨ ਹੈ) ॥੧੦॥
59878	1411	ਜਨਮੇ ਕਾ ਫਲੁ ਕਿਆ ਗਣੀ ਜਾਂ ਹਰਿ ਭਗਤਿ ਨ ਭਾਉ॥		Janamae Kaa Fal Kiaa Ganee Jaan Har Bhagath N Bhaao ||	What should I account as the rewards of this human life, if one does not feel love and devotion to the Lord?	ਜਦ ਤਕ (ਮਨੁੱਖ ਦੇ ਹਿਰਦੇ ਵਿਚ) ਪਰਮਾਤਮਾ ਦੀ ਭਗਤੀ ਨਹੀਂ, ਪਰਮਾਤਮਾ ਦਾ ਪ੍ਰੇਮ ਨਹੀਂ, ਤਦ ਤਕ ਉਸ ਦੇ ਮਨੁੱਖਾ ਜਨਮ ਹਾਸਲ ਕੀਤੇ ਦਾ ਕੋਈ ਭੀ ਲਾਭ ਨਹੀਂ।
59879	1411	ਪੈਧਾ ਖਾਧਾ ਬਾਦਿ ਹੈ ਜਾਂ ਮਨਿ ਦੂਜਾ ਭਾਉ॥	ਪੈੱਧਾ, ਖੱਾਧਾ: ਬਿੰਦੀਆਂ ਨ ਲਾਉ	Paidhhaa Khaadhhaa Baadh Hai Jaan Man Dhoojaa Bhaao ||	Wearing clothes and eating food is useless, if the mind is filled with the love of duality.	ਜਦ ਤਕ (ਮਨੁੱਖ ਦੇ) ਮਨ ਵਿਚ ਪਰਮਾਤਮਾ ਤੋਂ ਬਿਨਾ ਹੋਰ ਹੋਰ ਮੋਹ ਪਿਆਰ ਵੱਸਦਾ ਹੈ, ਤਦ ਤਕ ਉਸ ਦਾ ਪਹਿਨਿਆ (ਕੀਮਤੀ ਕੱਪੜਾ ਉਸ ਦਾ) ਖਾਧਾ ਹੋਇਆ (ਕੀਮਤੀ ਭੋਜਨ ਸਭ) ਵਿਅਰਥ ਜਾਂਦਾ ਹੈ ਕਿਉਂਕਿ ਉਹ)
59880	1411	ਵੇਖਣੁ ਸੁਨਣਾ ਝੂਠੁ ਹੈ ਮੁਖਿ ਝੂਠਾ ਆਲਾਉ॥		Vaekhan Sunanaa Jhooth Hai Mukh Jhoothaa Aalaao ||	Seeing and hearing is false, if one speaks lies.	ਨਾਸਵੰਤ ਜਗਤ ਨੂੰ ਹੀ ਤੱਕ ਵਿਚ ਰੱਖਦਾ ਹੈ, ਨਾਸਵੰਤ ਜਗਤ ਨੂੰ ਹੀ ਕੰਨਾਂ ਵਿਚ ਵਸਾਈ ਰੱਖਦਾ ਹੈ, ਨਾਸਵੰਤ ਜਗਤ ਦੀਆਂ ਗੱਲਾਂ ਹੀ ਮੂੰਹ ਨਾਲ ਕਰਦਾ ਰਹਿੰਦਾ ਹੈ।

59881	1411	ਨਾਨਕ ਨਾਮੁ ਸਲਾਹਿ ਤੂ ਹੋਰੁ ਹਉਮੈ ਆਵਉ ਜਾਉ॥੧੧॥		Naanak Naam Salaahi Thoo Hor Houmai Aavo Jaao ||11||	O Nanak, praise the Naam, the Name of the Lord; everything else is coming and going in egotism. ||11||	ਹੇ ਨਾਨਕ! ਤੂੰ (ਸਦਾ ਪਰਮਾਤਮਾ ਦੀ) ਸਿਫ਼ਤ-ਸਾਲਾਹ ਕਰਦਾ ਰਹੁ। (ਸਿਫ਼ਤ-ਸਾਲਾਹ ਨੂੰ ਭੁਲਾ ਕੇ) ਹੋਰ (ਸਾਰਾ ਉੱਦਮ) ਹਉਮੈ ਦੇ ਕਾਰਨ ਜਨਮ ਮਰਨ ਦਾ ਗੇੜ ਬਣਾਈ ਰੱਖਦਾ ਹੈ ॥੧੧॥
59882	1411	ਹੈਨਿ ਵਿਰਲੇ ਨਾਹੀ ਘਣੇ ਫੈਲ ਫਕੜੁ ਸੰਸਾਰੁ॥੧੨॥	ਫੱਕੜੁ	Hain Viralae Naahee Ghanae Fail Fakarr Sansaar ||12||	The Saints are few and far between; everything else in the world is just a pompous show. ||12||	(ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨ ਵਾਲੇ ਮਨੁੱਖ) ਕੋਈ ਵਿਰਲੇ ਵਿਰਲੇ ਹਨ, ਬਹੁਤੇ ਨਹੀਂ ਹਨ। (ਆਮ ਤੌਰ ਤੇ) ਜਗਤ ਵਿਖਾਵੇ ਦੇ ਕੰਮ ਹੀ (ਕਰਦਾ ਰਹਿੰਦਾ ਹੈ, ਆਤਮਕ ਜੀਵਨ ਨੂੰ) ਨੀਵਾਂ ਕਰਨ ਵਾਲਾ ਬੋਲ ਹੀ (ਬੋਲਦਾ ਰਹਿੰਦਾ ਹੈ) ॥੧੨॥
59883	1411	ਨਾਨਕ ਲਗੀ ਤੁਰਿ ਮਰੈ ਜੀਵਣ ਨਾਹੀ ਤਾਣੁ॥		Naanak Lagee Thur Marai Jeevan Naahee Thaan ||	O Nanak, one who is struck by the Lord dies instantaneously; the power to live is lost.	ਹੇ ਨਾਨਕ! (ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰੇਮ ਦੀ ਚੋਟ) ਲੱਗਦੀ ਹੈ (ਉਹ ਮਨੁੱਖ) ਤੁਰਤ ਆਪਾ-ਭਾਵ ਵਲੋਂ ਮਰ ਜਾਂਦਾ ਹੈ (ਉਸ ਦੇ ਅੰਦਰੋਂ ਸੁਆਰਥ ਖ਼ਤਮ ਹੋ ਜਾਂਦਾ ਹੈ), (ਉਸ ਦੇ ਅੰਦਰ ਸੁਆਰਥ ਦੇ) ਜੀਵਨ ਦਾ ਜ਼ੋਰ ਨਹੀਂ ਰਹਿ ਜਾਂਦਾ।

59884	1411	ਚੋਟੈ ਸੇਤੀ ਜੋ ਮਰੈ ਲਗੀ ਸਾ ਪਰਵਾਣੁ॥		Chottai Saethee Jo Marai Lagee Saa Paravaan ||	If someone dies by such a stroke, then he is accepted.	ਜਿਹੜਾ ਮਨੁੱਖ (ਪ੍ਰਭੂ-ਚਰਨਾਂ ਦੀ ਪ੍ਰੀਤ ਦੀ) ਚੋਟ ਨਾਲ ਆਪਾ-ਭਾਵ ਵਲੋਂ ਮਰ ਜਾਂਦਾ ਹੈ (ਉਸ ਦਾ ਜੀਵਨ ਪ੍ਰਭੂ-ਦਰ ਤੇ ਕਬੂਲ ਹੋ ਜਾਂਦਾ ਹੈ) ਉਹੀ ਲੱਗੀ ਹੋਈ ਚੋਟ (ਪ੍ਰਭੂ-ਦਰ ਤੇ) ਪਰਵਾਨ ਹੁੰਦੀ ਹੈ।
59885	1411	ਜਿਸ ਨੋ ਲਾਏ ਤਿਸੁ ਲਗੈ ਲਗੀ ਤਾ ਪਰਵਾਣੁ॥		Jis No Laaeae This Lagai Lagee Thaa Paravaan ||	He alone is struck, who is struck by the Lord; after such a stroke, he is approved.	ਪਰ (ਇਹ ਪ੍ਰੇਮ ਦੀ ਚੋਟ) ਉਸ ਮਨੁੱਖ ਨੂੰ ਹੀ ਲੱਗਦੀ ਹੈ ਜਿਸ ਨੂੰ (ਪਰਮਾਤਮਾ ਆਪ) ਲਾਂਦਾ ਹੈ (ਜਦੋਂ ਇਹ ਚੋਟ ਪਰਮਾਤਮਾ ਵਲੋਂ ਲੱਗਦੀ ਹੈ) ਤਦੋਂ ਹੀ ਇਹ ਲੱਗੀ ਹੋਈ (ਚੋਟ) ਕਬੂਲ ਹੁੰਦੀ ਹੈ (ਸਫਲ ਹੁੰਦੀ ਹੈ)।
59886	1411	ਪਿਰਮ ਪੈਕਾਮੁ ਨ ਨਿਕਲੈ ਲਾਇਆ ਤਿਨਿ ਸੁਜਾਣਿ॥੧੩॥	(ਪੈਕਾਮੁ) ਤੀਰ	Piram Paikaam N Nikalai Laaeiaa Thin Sujaan ||13||	The arrow of love, shot by the All-knowing Lord, cannot be pulled out. ||13||	ਉਸ ਸਿਆਣੇ (ਤੀਰੰਦਾਜ਼-ਪ੍ਰਭੂ) ਨੇ (ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰੇਮ ਦਾ ਤੀਰ) ਵਿੰਨ੍ਹ ਦਿੱਤਾ; (ਉਸ ਹਿਰਦੇ ਵਿਚੋਂ ਇਹ) ਪ੍ਰੇਮ ਦਾ ਤੀਰ ਫਿਰ ਨਹੀਂ ਨਿਕਲਦਾ ॥੧੩॥
59887	1411	ਭਾਂਡਾ ਧੋਵੈ ਕਉਣੁ ਜਿ ਕਚਾ ਸਾਜਿਆ॥		Bhaanddaa Dhhovai Koun J Kachaa Saajiaa ||	Who can wash the unbaked clay pot?	(ਤੀਰਥ-ਇਸ਼ਨਾਨ ਆਦਿਕ ਨਾਲ) ਕੋਈ ਭੀ ਮਨੁੱਖ ਸਰੀਰ ਘੜੇ ਨੂੰ ਪਵਿੱਤਰ ਨਹੀਂ ਕਰ ਸਕਦਾ, ਕਿਉਂਕਿ ਇਹ ਬਣਾਇਆ ਹੀ ਅਜਿਹਾ ਹੈ ਕਿ ਇਸ ਨੂੰ ਵਿਕਾਰਾਂ ਦਾ ਚਿੱਕੜ ਸਦਾ ਲੱਗਦਾ ਰਹਿੰਦਾ ਹੈ।

59888	1411	ਧਾਤੂ ਪੰਜਿ ਰਲਾਇ ਕੂੜਾ ਪਾਜਿਆ॥		Dhhaathoo Panj Ralaae Koorraa Paajiaa ||	Joining the five elements together, the Lord made a false cover.	(ਹਵਾ, ਪਾਣੀ, ਮਿੱਟੀ, ਅੱਗ, ਆਕਾਸ਼) ਪੰਜ ਤੱਤ ਇਕੱਠੇ ਕਰ ਕੇ ਇਹ ਸਰੀਰ-ਭਾਂਡਾ ਇਕ ਨਾਸਵੰਤ ਖਿਡੌਣਾ ਜਿਹਾ ਬਣਾਇਆ ਗਿਆ ਹੈ।
59889	1411	ਭਾਂਡਾ ਆਣਗੁ ਰਾਸਿ ਜਾਂ ਤਿਸੁ ਭਾਵਸੀ॥	(ਆਣਗੁ) ਆਵੇਗਾ	Bhaanddaa Aanag Raas Jaan This Bhaavasee ||	When it pleases Him, He makes it right.	ਹਾਂ, ਜਦੋਂ ਉਸ ਪਰਮਾਤਮਾ ਦੀ ਰਜ਼ਾ ਹੁੰਦੀ ਹੈ (ਮਨੁੱਖ ਨੂੰ ਗੁਰੂ ਮਿਲਦਾ ਹੈ, ਗੁਰੂ ਮਨੁੱਖ ਦੇ) ਸਰੀਰ-ਭਾਂਡੇ ਨੂੰ ਪਵਿੱਤਰ ਕਰ ਦੇਂਦਾ ਹੈ।
59890	1411	ਪਰਮ ਜੋਤਿ ਜਾਗਾਇ ਵਾਜਾ ਵਾਵਸੀ॥੧੪॥		Param Joth Jaagaae Vaajaa Vaavasee ||14||	The supreme light shines forth, and the celestial song vibrates and resounds. ||14||	(ਗੁਰੂ ਮਨੁੱਖ ਦੇ ਅੰਦਰ) ਸਭ ਤੋਂ ਉੱਚੀ ਰੱਬੀ ਜੋਤਿ ਜਗਾ ਕੇ (ਰੱਬੀ ਜੋਤਿ ਦਾ) ਵਾਜਾ ਵਜਾ ਦੇਂਦਾ ਹੈ। (ਰੱਬੀ ਜੋਤਿ ਦਾ ਰੱਬੀ ਸਿਫ਼ਤ-ਸਾਲਾਹ ਦਾ ਇਤਨਾ ਪ੍ਰਬਲ ਪ੍ਰਭਾਵ ਬਣਾ ਦੇਂਦਾ ਹੈ ਕਿ ਮਨੁੱਖ ਦੇ ਅੰਦਰ ਵਿਕਾਰਾਂ ਦਾ ਰੌਲਾ ਸੁਣਿਆ ਹੀ ਨਹੀਂ ਜਾਂਦਾ। ਵਿਕਾਰਾਂ ਦੀ ਕੋਈ ਪੇਸ਼ ਹੀ ਨਹੀਂ ਜਾਂਦੀ ਕਿ ਕੁਕਰਮਾਂ ਦਾ ਕੋਈ ਚਿੱਕੜ ਖਿਲਾਰ ਸਕਣ) ॥੧੪॥
59891	1411	ਮਨਹੁ ਜਿ ਅੰਧੇ ਘੂਪ ਕਹਿਆ ਬਿਰਦੁ ਨ ਜਾਣਨੀ॥		Manahu J Andhhae Ghoop Kehiaa Biradh N Jaananee ||	Those who are totally blind in their minds, do not have the integrity to keep their word.	ਜਿਹੜੇ ਮਨੁੱਖ ਮਨੋਂ ਘੁੱਪ ਅੰਨ੍ਹੇ ਹਨ (ਪੁੱਜ ਕੇ ਮੂਰਖ ਹਨ) ਉਹ ਦੱਸਿਆਂ ਭੀ (ਇਨਸਾਨੀ) ਫ਼ਰਜ਼ ਨਹੀਂ ਜਾਣਦੇ।

59892	1411	ਮਨਿ ਅੰਧੈ ਊਂਧੈ ਕਵਲ ਦਿਸਨਿ ਖਰੇ ਕਰੂਪ॥		Man Andhhai Oonadhhai Kaval Dhisan Kharae Karoop ||	With their blind minds, and their upside-down heart-lotus, they look totally ugly.	ਮਨ ਅੰਨ੍ਹਾ ਹੋਣ ਕਰਕੇ, ਹਿਰਦਾ ਕੇਵਲ (ਧਰਮ ਵਲੋਂ) ਉਲਟਿਆ ਹੋਇਆ ਹੋਣ ਦੇ ਕਾਰਨ ਉਹ ਬੰਦੇ ਬਹੁਤ ਕੋਝੇ (ਕੋਝੇ ਜੀਵਨ ਵਾਲੇ) ਲੱਗਦੇ ਹਨ।
59893	1411	ਇਕ ਕਹਿ ਜਾਣਨਿ ਕਹਿਆ ਬੁਝਨਿ ਤੇ ਨਰ ਸੁਘੜ ਸਰੂਪ॥		Eik Kehi Jaanan Kehiaa Bujhan Thae Nar Sugharr Saroop ||	Some know how to speak and understand what they are told. Those people are wise and good-looking.	ਕਈ ਮਨੁੱਖ ਐਸੇ ਹੁੰਦੇ ਹਨ ਜੋ (ਆਪ) ਗੱਲ ਕਰਨੀ ਭੀ ਜਾਣਦੇ ਹਨ, ਤੇ, ਕਿਸੇ ਦੀ ਆਖੀ ਭੀ ਸਮਝਦੇ ਹਨ, ਉਹ ਮਨੁੱਖ ਸੁਚੱਜੇ ਤੇ ਸੋਹਣੇ ਜਾਪਦੇ ਹਨ।
59894	1411	ਇਕਨਾ ਨਾਦੁ ਨ ਬੇਦੁ ਨ ਗੀਅ ਰਸੁ ਰਸੁ ਕਸੁ ਨ ਜਾਣੰਤਿ॥		Eikanaa Naadh N Baedh N Geea Ras Ras Kas N Jaananth ||	Some do not know the Sound-current of the Naad, spiritual wisdom or the joy of song. They do not even understand good and bad.	ਕਈ ਬੰਦਿਆਂ ਨੂੰ ਨਾਹ ਜੋਗੀਆਂ ਦੇ ਨਾਦ ਦਾ ਰਸ, ਨਾਹ ਵੇਦ ਦਾ ਸ਼ੌਕ, ਨਾਹ ਰਾਗ ਦੀ ਖਿੱਚ-ਕਿਸੇ ਤਰ੍ਹਾਂ ਦੇ ਕੋਮਲ ਉਨਰ ਵੱਲ ਰੁਚੀ ਨਹੀਂ ਹੈ,
59895	1411	ਇਕਨਾ ਸਿਧਿ ਨ ਬੁਧਿ ਨ ਅਕਲਿ ਸਰ ਅਖਰ ਕਾ ਭੇਉ ਨ ਲਹੰਤਿ॥	(ਅਕਰ) ਬ੍ਰਹਮ ਜੀ	Eikanaa Sidhh N Budhh N Akal Sar Akhar Kaa Bhaeo N Lehanth ||	Some have no idea of perfection, wisdom or understanding; they know nothing about the mystery of the Word.	ਕਈ ਬੰਦਿਆਂ ਨੂੰ ਨਾਹ (ਵਿਚਾਰ ਵਿਚ) ਸਫਲਤਾ, ਨਾਹ ਸੁਚੱਜੀ ਬੁੱਧੀ, ਨਾਹ ਅਕਲ ਦੀ ਸਾਰ ਹੈ, ਤੇ, ਇਕ ਅੱਖਰ ਭੀ ਪੜ੍ਹਨਾ ਨਹੀਂ ਜਾਣਦੇ (ਫਿਰ ਭੀ, ਆਕੜ ਹੀ ਆਕੜ ਵਿਖਾਲਦੇ ਹਨ)।

59896	1411	ਨਾਨਕ ਤੇ ਨਰ ਅਸਲਿ ਖਰ ਜਿ ਬਿਨੁ ਗੁਣ ਗਰਬੁ ਕਰੰਤ॥੧੫॥	(ਗਰਬੁ) ਹੰਕਾਰ (ਬਿਨੁ) ਬਿਨਾ (ਗੁਣ) ਗੁਣਾਂ ਦੇ ਹੈ, ਭਾਵ ਹੰਕਾਰ ਕਰਕੇ, ਸਾਰੇ ਗੁਣ ਨਾਸ ਹੋ ਜਾਂਦੇ ਹਨ। ਹੰਕਾਰ ਕਰਕੇ ਬੰਦਾ ਬਿਨਾ ਗੁਣਾਂ ਦੇ ਹੋ ਜਾਂਦਾ ਹੈ। ਸੋ ਚਾਹੇ ਗੁਣਾਂ ਵਾਲਾ ਹੰਕਾਰ ਕਰਨ ਜਾਂ ਬਿਨਾ ਗੁਣਾਂ ਵਾਲੇ ਹੰਕਾਰ ਕਰਨ, ਦੋਨੋ ਹੀ (ਅਸਲ) ਅਸਲੀ (ਖਰ) ਖੋਤੇ ਹਨ।	Naanak Thae Nar Asal Khar J Bin Gun Garab Karanth ||15||	O Nanak, those people are really donkeys; they have no virtue or merit, but still, they are very proud. ||15||	ਹੇ ਨਾਨਕ! ਜਿਨ੍ਹਾਂ ਵਿਚ ਕੋਈ ਗੁਣ ਨਾਹ ਹੋਵੇ, ਤੇ, ਅਹੰਕਾਰ ਕਰੀ ਜਾਣ, ਉਹ ਮਨੁੱਖ ਨਿਰੇ ਖੋਤੇ ਹਨ ॥੧੫॥
59897	1411	ਸੋ ਬ੍ਰਹਮਣੁ ਜੋ ਬਿੰਦੈ ਬ੍ਰਹਮੁ॥		So Brehaman Jo Bindhai Breham ||	He alone is a Brahmin, who knows God.	(ਸਾਡੀਆਂ ਨਜ਼ਰਾਂ ਵਿਚ) ਉਹ (ਮਨੁੱਖ ਅਸਲ) ਬ੍ਰਾਹਮਣ ਹੈ ਜੋ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਰੱਖਦਾ ਹੈ,
59898	1411	ਜਪੁ ਤਪੁ ਸੰਜਮੁ ਕਮਾਵੈ ਕਰਮੁ॥		Jap Thap Sanjam Kamaavai Karam ||	He chants and meditates, and practices austerity and good deeds.	ਜੋ ਇਹੀ ਜਪ-ਕਰਮ ਕਰਦਾ ਹੈ, ਇਹੀ ਤਪ-ਕਰਮ ਕਰਦਾ ਹੈ, ਇਹੀ ਸੰਜਮ-ਕਰਮ ਕਰਦਾ ਹੈ (ਜੋ ਪਰਮਾਤਮਾ ਦੀ ਭਗਤੀ ਨੂੰ ਹੀ ਜਪ ਤਪ ਸੰਜਮ ਸਮਝਦਾ ਹੈ)
59899	1411	ਸੀਲ ਸੰਤੋਖ ਕਾ ਰਖੈ ਧਰਮੁ॥		Seel Santhokh Kaa Rakhai Dhharam ||	He keeps to the Dharma, with faith, humility and contentment.	ਜੋ ਮਿੱਠੇ ਸੁਭਾਅ ਅਤੇ ਸੰਤੋਖ ਦਾ ਫ਼ਰਜ਼ ਨਿਬਾਹੁੰਦਾ ਹੈ,

59900	1411	ਬੰਧਨ ਤੋੜੈ ਹੋਵੈ ਮੁਕਤੁ॥		Bandhhan Thorrai Hovai Mukath ||	Breaking his bonds, he is liberated.	ਜੋ ਮਾਇਆ ਦੇ ਮੋਹ ਦੀਆਂ ਫਾਹੀਆਂ ਤੋੜ ਲੈਂਦਾ ਹੈ ਅਤੇ ਮਾਇਆ ਦੇ ਮੋਹ ਤੋਂ ਆਜ਼ਾਦ ਹੋ ਜਾਂਦਾ ਹੈ।
59901	1411	ਸੋਈ ਬ੍ਰਹਮਣੁ ਪੂਜਣ ਜੁਗਤੁ॥੧੬॥		Soee Brehaman Poojan Jugath ||16||	Such a Brahmin is worthy of being worshipped. ||16||	ਉਹੀ ਬ੍ਰਾਹਮਣ ਆਦਰ-ਸਤਕਾਰ ਦਾ ਹੱਕਦਾਰ ਹੈ ॥੧੬॥
59902	1411	ਖਤ੍ਰੀ ਸੋ ਜੁ ਕਰਮਾ ਕਾ ਸੂਰੁ॥		Khathree So J Karamaa Kaa Soor ||	He alone is a Kh'shaatriyaa, who is a hero in good deeds.	(ਸਾਡੀਆਂ ਨਜ਼ਰਾਂ ਵਿਚ) ਉਹ ਮਨੁੱਖ ਖੱਤ੍ਰੀ ਹੈ ਜੋ (ਕਾਮਾਦਿਕ ਵੈਰੀਆਂ ਨੂੰ ਮਾਰ-ਮੁਕਾਣ ਲਈ) ਨੇਕ ਕਰਮ ਕਰਨ ਵਾਲਾ ਸੂਰਮਾ ਬਣਦਾ ਹੈ,
59903	1411	ਪੁੰਨ ਦਾਨ ਕਾ ਕਰੈ ਸਰੀਰੁ॥		Punn Dhaan Kaa Karai Sareer ||	He uses his body to give in charity;	ਜੋ ਆਪਣੇ ਸਰੀਰ ਨੂੰ (ਆਪਣੇ ਜੀਵਨ ਨੂੰ, ਹੋਰਨਾਂ ਵਿਚ) ਭਲੇ ਕਰਮ ਵੰਡਣ ਲਈ ਵਸੀਲਾ ਬਣਾਂਦਾ ਹੈ,
59904	1411	ਖੇਤੁ ਪਛਾਣੈ ਬੀਜੈ ਦਾਨੁ॥		Khaeth Pashhaanai Beejai Dhaan ||	He understands his farm, and plants the seeds of generosity.	ਜੋ (ਆਪਣੇ ਸਰੀਰ ਨੂੰ ਕਿਸਾਨ ਦੇ ਖੇਤ ਵਾਂਗ) ਖੇਤ ਸਮਝਦਾ ਹੈ (ਤੇ, ਇਸ ਖੇਤ ਵਿਚ ਪਰਮਾਤਮਾ ਦੇ ਨਾਮ ਦੀ) ਦਾਤ (ਨਾਮ-ਬੀਜ) ਬੀਜਦਾ ਹੈ।
59905	1411	ਸੋ ਖਤ੍ਰੀ ਦਰਗਹ ਪਰਵਾਣੁ॥		So Khathree Dharageh Paravaan ||	Such a Kh'shaatriyaa is accepted in the Court of the Lord.	ਅਜਿਹਾ ਖੱਤ੍ਰੀ ਪਰਮਾਤਮਾ ਦੀ ਹਜ਼ੂਰੀ ਵਿਚ ਕਬੂਲ ਹੁੰਦਾ ਹੈ।

59906	1411	ਲਬੁ ਲੋਭੁ ਜੇ ਕੂੜੁ ਕਮਾਵੈ॥		Lab Lobh Jae Koorr Kamaavai ||	Whoever practices greed, possessiveness and falsehood,	ਪਰ ਜਿਹੜਾ ਮਨੁੱਖ ਲੱਬ ਲੋਭ ਅਤੇ ਹੋਰ ਠੱਗੀ ਆਦਿਕ ਕਰਦਾ ਰਹਿੰਦਾ ਹੈ,
59907	1411	ਅਪਣਾ ਕੀਤਾ ਆਪੇ ਪਾਵੈ॥੧੭॥		Apanaa Keethaa Aapae Paavai ||17||	Shall receive the fruits of his own labors. ||17||	(ਉਹ ਜਨਮ ਦਾ ਚਾਹੇ ਖੱਤ੍ਰੀ ਹੀ ਹੋਵੇ) ਉਹ ਮਨੁੱਖ (ਲੱਬ ਆਦਿਕ) ਕੀਤੇ ਕਰਮਾਂ ਦਾ ਫਲ ਆਪ ਹੀ ਭੁਗਤਦਾ ਹੈ (ਉਹ ਮਨੁੱਖ ਕਾਮਾਦਿਕ ਵਿਕਾਰਾਂ ਦਾ ਸ਼ਿਕਾਰ ਹੋਇਆ ਹੀ ਰਹਿੰਦਾ ਹੈ, ਉਹ ਨਹੀਂ ਹੈ ਸੂਰਮਾ) ॥੧੭॥
59908	1411	ਤਨੁ ਨ ਤਪਾਇ ਤਨੂਰ ਜਿਉ ਬਾਲਣੁ ਹਡ ਨ ਬਾਲਿ॥		Than N Thapaae Thanoor Jio Baalan Hadd N Baal ||	Do not heat your body like a furnace, or burn your bones like firewood.	(ਆਪਣੇ) ਸਰੀਰ ਨੂੰ (ਧੂਣੀਆਂ ਨਾਲ) ਤਨੂਰ ਵਾਂਗ ਨਾਹ ਸਾੜ, ਤੇ, ਹੱਡਾਂ ਨੂੰ (ਧੂਣੀਆਂ ਨਾਲ) ਇਉਂ ਨਾਹ ਬਲਾ ਜਿਵੇਂ ਇਹ ਬਾਲਣ ਹੈ।
59909	1411	ਸਿਰਿ ਪੈਰੀ ਕਿਆ ਫੇੜਿਆ ਅੰਦਰਿ ਪਿਰੀ ਸਮ੍ਹਾਲਿ॥੧੮॥		Sir Pairee Kiaa Faerriaa Andhar Piree Samhaal ||18||	What have your head and feet done wrong? See your Husband Lord within yourself. ||18||	(ਤੇਰੇ) ਸਿਰ ਨੇ (ਤੇਰੇ) ਪੈਰਾਂ ਨੇ ਕੁਝ ਨਹੀਂ ਵਿਗਾੜਿਆ (ਇਹਨਾਂ ਨੂੰ ਧੂਣੀਆਂ ਨਾਲ ਕਿਉਂ ਦੁਖੀ ਕਰਦਾ ਹੈਂ? ਇਹਨਾਂ ਨੂੰ ਦੁਖੀ ਨਾਹ ਕਰ) ਪਰਮਾਤਮਾ (ਦੀ ਯਾਦ) ਨੂੰ ਆਪਣੇ ਹਿਰਦੇ ਵਿਚ ਸਾਂਭ ਕੇ ਰੱਖ ॥੧੮॥

59910	1412	ਸਭਨੀ ਘਟੀ ਸਹੁ ਵਸੈ ਸਹ ਬਿਨੁ ਘਟੁ ਨ ਕੋਇ॥	ਘਟੀਂ ਘਟੁ: ਪੋਲੇ ਬੋਲੋ	Sabhanee Ghattee Sahu Vasai Seh Bin Ghatt N Koe ||	God the Cosmic Husband dwells within all hearts; without Him, there is no heart at all.	ਖਸਮ-ਪ੍ਰਭੂ ਸਾਰੇ ਹੀ ਸਰੀਰਾਂ ਵਿਚ ਵੱਸਦਾ ਹੈ। ਕੋਈ ਭੀ ਸਰੀਰ (ਐਸਾ) ਨਹੀਂ ਹੈ ਜੋ ਖਸਮ-ਪ੍ਰਭੂ ਤੋਂ ਬਿਨਾ ਹੋਵੇ (ਜਿਸ ਵਿਚ ਖਸਮ-ਪ੍ਰਭੂ ਵੱਸਦਾ ਨਾਹ ਹੋਵੇ। ਪਰ ਵੱਸਦਾ ਹੈ ਗੁਪਤ)।
59911	1412	ਨਾਨਕ ਤੇ ਸੋਹਾਗਣੀ ਜਿਨ੍ਹਾ ਗੁਰਮੁਖਿ ਪਰਗਟੁ ਹੋਇ॥੧੯॥		Naanak Thae Sohaaganee Jinhaa Guramukh Paragatt Hoe ||19||	O Nanak, the Gurmukhs are the happy, virtuous soul-brides; the Lord is revealed to them. ||19||	ਹੇ ਨਾਨਕ! ਉਹ ਜੀਵ-ਇਸਤ੍ਰੀਆਂ ਭਾਗਾਂ ਵਾਲੀਆਂ ਹਨ ਜਿਨ੍ਹਾਂ ਦੇ ਅੰਦਰ (ਉਹ ਖਸਮ-ਪ੍ਰਭੂ) ਗੁਰੂ ਦੀ ਰਾਹੀਂ ਪਰਗਟ ਹੋ ਜਾਂਦਾ ਹੈ ॥੧੯॥
59912	1412	ਜਉ ਤਉ ਪ੍ਰੇਮ ਖੇਲਣ ਕਾ ਚਾਉ॥	ਖ੍ਹੇਲਣ	Jo Tho Praem Khaelan Kaa Chaao ||	If you desire to play this game of love with Me,	ਜੇ ਤੈਨੂੰ (ਪ੍ਰਭੂ-ਪ੍ਰੇਮ ਦੀ) ਖੇਡ ਖੇਡਣ ਦਾ ਸ਼ੌਕ ਹੈ,
59913	1412	ਸਿਰੁ ਧਰਿ ਤਲੀ ਗਲੀ ਮੇਰੀ ਆਉ॥	ਗਲੀ: ਪੋਲਾ ਬੋਲੋ	Sir Dhhar Thalee Galee Maeree Aao ||	Then step onto My Path with your head in hand.	ਤਾਂ (ਆਪਣਾ) ਸਿਰ ਤਲੀ ਉੱਤੇ ਰੱਖ ਕੇ ਮੇਰੀ ਗਲੀ ਵਿਚ ਆ (ਲੋਕ-ਲਾਜ ਛੱਡ ਕੇ ਹਉਮੈ ਦੂਰ ਕਰ ਕੇ ਆ)।
59914	1412	ਇਤੁ ਮਾਰਗਿ ਪੈਰੁ ਧਰੀਜੈ॥		Eith Maarag Pair Dhhareejai ||	When you place your feet on this Path,	(ਪ੍ਰਭੂ-ਪ੍ਰੀਤ ਦੇ) ਇਸ ਰਸਤੇ ਉੱਤੇ (ਤਦੋਂ ਹੀ) ਪੈਰ ਧਰਿਆ ਜਾ ਸਕਦਾ ਹੈ,
59915	1412	ਸਿਰੁ ਦੀਜੈ ਕਾਣਿ ਨ ਕੀਜੈ॥੨੦॥		Sir Dheejai Kaan N Keejai ||20||	Give Me your head, and do not pay any attention to public opinion. ||20||	(ਜਦੋਂ) ਸਿਰ ਭੇਟਾ ਕੀਤਾ ਜਾਏ, ਪਰ ਕੋਈ ਝਿਜਕ ਨਾਹ ਕੀਤੀ ਜਾਏ (ਜਦੋਂ ਬਿਨਾ ਕਿਸੇ ਝਿਜਕ ਦੇ ਲੋਕ-ਲਾਜ ਅਤੇ ਹਉਮੈ ਛੱਡੀ ਜਾਏ) ॥੨੦॥

59916	1412	ਨਾਲਿ ਕਿਰਾੜਾ ਦੋਸਤੀ ਕੂੜੈ ਕੂੜੀ ਪਾਇ॥		Naal Kiraarraa Dhosathee Koorrai Koorree Paae ||	False is friendship with the false and greedy. False is its foundation.	ਜੇ ਹਰ ਵੇਲੇ ਮਾਇਆ ਦੀਆਂ ਗਿਣਤੀਆਂ ਗਿਣਨ ਵਾਲੇ ਮਨੁੱਖ ਨਾਲ ਦੋਸਤੀ ਬਣਾਈ ਜਾਏ, (ਤਾਂ ਉਸ ਕਿਰਾੜ ਦੇ ਅੰਦਰਲੇ) ਮਾਇਆ ਦੇ ਮੋਹ ਦੇ ਕਾਰਨ (ਉਸ ਦੀ ਦੋਸਤੀ ਦੀ) ਪਾਂਇਆਂ ਭੀ ਇਤਬਾਰ-ਜੋਗ ਨਹੀਂ ਹੁੰਦੀ।
59917	1412	ਮਰਣੁ ਨ ਜਾਪੈ ਮੂਲਿਆ ਆਵੈ ਕਿਤੈ ਥਾਇ॥੨੧॥		Maran N Jaapai Mooliaa Aavai Kithai Thhaae ||21||	O Moollah, no one knows where death shall strike. ||21||	ਹੇ ਮੂਲਿਆ! (ਮਾਇਆ ਦੇ ਮੋਹ ਵਿਚ ਫਸਿਆ ਹੋਇਆ ਮਨੁੱਖ ਸਦਾ ਮੌਤ ਤੋਂ ਬਚੇ ਰਹਿਣ ਦੇ ਉਪਰਾਲੇ ਕਰਦਾ ਰਹਿੰਦਾ ਹੈ, ਪਰ ਉਸ ਨੂੰ ਇਹ ਗੱਲ) ਸੁੱਝਦੀ ਹੀ ਨਹੀਂ ਕਿ ਮੌਤ ਕਿਸੇ ਭੀ ਥਾਂ ਤੇ (ਕਿਸੇ ਭੀ ਵੇਲੇ) ਆ ਸਕਦੀ ਹੈ ॥੨੧॥
59918	1412	ਗਿਆਨ ਹੀਣੰ ਅਗਿਆਨ ਪੂਜਾ॥	ਪੂਜਾ: ਪੋਲਾ ਬੋਲੋ	Giaan Heenan Agiaan Poojaa ||	Without spiritual wisdom, the people worship ignorance.	ਜਿਹੜੇ ਮਨੁੱਖ ਆਤਮਕ ਜੀਵਨ ਦੀ ਸੂਝ ਤੋਂ ਸੱਖਣੇ ਹੁੰਦੇ ਹਨ, ਉਹ ਆਤਮਕ ਜੀਵਨ ਵਲੋਂ ਬੇ-ਸਮਝੀ ਨੂੰ ਹੀ ਸਦਾ ਪਸੰਦ ਕਰਦੇ ਹਨ।
59919	1412	ਅੰਧ ਵਰਤਾਵਾ ਭਾਉ ਦੂਜਾ॥੨੨॥		Andhh Varathaavaa Bhaao Dhoojaa ||22||	They grope in the darkness, in the love of duality. ||22||	(ਜਿਨ੍ਹਾਂ ਮਨੁੱਖਾਂ ਦੇ ਅੰਦਰ) ਮਾਇਆ ਦਾ ਮੋਹ (ਸਦਾ ਟਿਕਿਆ ਰਹਿੰਦਾ ਹੈ, ਉਹਨਾਂ ਦਾ) ਵਰਤਣ-ਵਿਹਾਰ (ਆਤਮਕ ਜੀਵਨ ਵਲੋਂ) ਅੰਨ੍ਹਾ (ਬਣਾਈ ਰੱਖਣ ਵਾਲਾ ਹੁੰਦਾ) ਹੈ ॥੨੨॥

59920	1412	ਗੁਰ ਬਿਨੁ ਗਿਆਨੁ ਧਰਮ ਬਿਨੁ ਧਿਆਨੁ॥		Gur Bin Giaan Dhharam Bin Dhhiaan ||	Without the Guru, there is no spiritual wisdom; without Dharma, there is no meditation.	ਗੁਰੂ (ਦੀ ਸਰਨ ਪੈਣ) ਤੋਂ ਬਿਨਾ ਪਰਮਾਤਮਾ ਨਾਲ ਡੂੰਘੀ ਸਾਂਝ ਨਹੀਂ ਬਣਦੀ। (ਇਸ ਡੂੰਘੀ ਸਾਂਝ ਨੂੰ ਮਨੁੱਖਾ ਜੀਵਨ ਦਾ ਜ਼ਰੂਰੀ) ਫ਼ਰਜ਼ ਬਣਾਣ ਤੋਂ ਬਿਨਾ (ਹਰਿ-ਨਾਮ ਸਿਮਰਨ ਦੀ) ਲਗਨ ਨਹੀਂ ਬਣਦੀ।
59921	1412	ਸਚ ਬਿਨੁ ਸਾਖੀ ਮੂਲੋ ਨ ਬਾਕੀ॥੨੩॥		Sach Bin Saakhee Moolo N Baakee ||23||	Without Truth, there is no credit; without capital, there is no balance. ||23||	ਸਦਾ-ਥਿਰ ਹਰਿ-ਨਾਮ ਸਿਮਰਨ ਤੋਂ ਬਿਨਾ (ਹੋਰ ਹੋਰ ਮਾਇਕ ਉੱਦਮਾਂ ਦੀ ਜੀਵਨ-) ਰਾਹਦਾਰੀ ਦੇ ਕਾਰਨ (ਆਤਮਕ ਜੀਵਨ ਦਾ ਉਹ) ਸਰਮਾਇਆ ਭੀ ਪੱਲੇ ਨਹੀਂ ਰਹਿ ਜਾਂਦਾ (ਜਿਸ ਨੇ ਮਨੁੱਖਾ ਜਨਮ ਲੈ ਕੇ ਦਿੱਤਾ ਸੀ) ॥੨੩॥
59922	1412	ਮਾਣੂ ਘਲੈ ਉਠੀ ਚਲੈ॥	(ਮਾਣੂ) ਮਨੁੱਖ ਨੂੰ ਰਾਮ ਜੀ ਹੀ ਮਨੁਖਾ ਜਨਮ ਚ (ਘੱਲੈ) ਘੱਲਦੇ ਹਨ। ਉੱਠੀ ਚੱਲੈ	Maanoo Ghalai Outhee Chalai ||	The mortals are sent into the world; then, they arise and depart.	(ਪਰਮਾਤਮਾ) ਮਨੁੱਖ ਨੂੰ (ਜਗਤ ਵਿਚ ਕੋਈ ਆਤਮਕ ਲਾਭ ਖੱਟਣ ਲਈ) ਭੇਜਦਾ ਹੈ, (ਪਰ ਜੇ ਆਤਮਕ ਜੀਵਨ ਦੀ ਖੱਟੀ ਖੱਟਣ ਤੋਂ ਬਿਨਾ ਹੀ ਮਨੁੱਖ ਜਗਤ ਤੋਂ) ਉੱਠ ਕੇ ਤੁਰ ਪੈਂਦਾ ਹੈ,
59923	1412	ਸਾਦੁ ਨਾਹੀ ਇਵੇ ਹੀ ਗਲੈ॥੨੪॥	ਇਵੇ-ਹੀ, ਗਲੈ: ਪੋਲਾ ਬੋਲੋ	Saadh Naahee Eivaehee Galai ||24||	There is no joy in this. ||24||	(ਤਾਂ) ਇਹੋ ਜਿਹਾ ਜੀਵਨ ਜੀਊਣ ਵਿਚ ਮਨੁੱਖ ਨੂੰ ਕੋਈ) ਆਤਮਕ ਆਨੰਦ ਹਾਸਲ ਨਹੀਂ ਹੁੰਦਾ ॥੨੪॥

59924	1412	ਰਾਮੁ ਝੁਰੈ ਦਲ ਮੇਲਵੈ ਅੰਤਰਿ ਬਲੁ ਅਧਿਕਾਰ॥		Raam Jhurai Dhal Maelavai Anthar Bal Adhhikaar ||	Raam Chand, sad at heart, assembled his army and forces.	(ਸ੍ਰੀ ਰਾਮਚੰਦ੍ਰ ਉਸ ਕਰਤਾਰ ਦੀ ਬਰਾਬਰੀ ਨਹੀਂ ਕਰ ਸਕਦਾ। ਵੇਖੋ! ਰਾਵਣ ਨਾਲ ਲੜਾਈ ਕਰਨ ਵਾਸਤੇ) ਸ੍ਰੀ ਰਾਮਚੰਦ੍ਰ ਫ਼ੌਜਾਂ ਇਕੱਠੀਆਂ ਕਰਦਾ ਹੈ, (ਉਸ ਦੇ) ਅੰਦਰ (ਫ਼ੌਜਾਂ ਇਕੱਠੀਆਂ ਕਰਨ ਦੇ) ਅਧਿਕਾਰ ਦੀ ਤਾਕਤ ਭੀ ਹੈ, (ਫਿਰ ਭੀ ਸ੍ਰੀ) ਰਾਮਚੰਦ੍ਰ ਦੁਖੀ ਹੁੰਦਾ ਹੈ
59925	1412	ਬੰਤਰ ਕੀ ਸੈਨਾ ਸੇਵੀਐ ਮਨਿ ਤਨਿ ਜੁਝੁ ਅਪਾਰੁ॥	ਜੁੱਝੁ	Banthar Kee Sainaa Saeveeai Man Than Jujh Apaar ||	The army of monkeys was at his service; his mind and body became eager for war.	(ਹਾਲਾਂਕਿ) ਵਾਨਰਾਂ ਦੀ (ਉਸ) ਫ਼ੌਜ ਦੀ ਰਾਹੀਂ (ਉਸ ਦੀ) ਸੇਵਾ ਭੀ ਹੋ ਰਹੀ ਹੈ (ਜਿਸ ਸੈਨਾ ਦੇ) ਮਨ ਵਿਚ ਤਨ ਵਿਚ ਜੁੱਧ ਕਰਨ ਦਾ ਬੇਅੰਤ ਚਾਉ ਹੈ,
59926	1412	ਸੀਤਾ ਲੈ ਗਇਆ ਦਹਸਿਰੋ ਲਛਮਣੁ ਮੂਓ ਸਰਾਪਿ॥	ਗ-ਇਆ	Seethaa Lai Gaeiaa Dhehasiro Lashhaman Mooou Saraap ||	Raawan captured his wife Sita, and Lachhman was cursed to die.	(ਫਿਰ ਭੀ ਜਦੋਂ) ਸੀਤਾ (ਜੀ) ਨੂੰ ਰਾਵਣ ਲੈ ਗਿਆ ਸੀ, (ਤੇ, ਫਿਰ ਜਦੋਂ ਸ੍ਰੀ ਰਾਮਚੰਦ੍ਰ ਜੀ ਦਾ ਭਾਈ) ਲਛਮਨ ਸਰਾਪ ਨਾਲ ਮਰ ਗਿਆ ਸੀ, (ਤਦੋਂ ਰਾਮਚੰਦ੍ਰ ਦੁਖੀ ਹੋਇਆ।)
59927	1412	ਨਾਨਕ ਕਰਤਾ ਕਰਣਹਾਰੁ ਕਰਿ ਵੇਖੈ ਥਾਪਿ ਉਥਾਪਿ॥੨੫॥		Naanak Karathaa Karanehaar Kar Vaekhai Thhaap Outhhaap ||25||	O Nanak, the Creator Lord is the Doer of all; He watches over all, and destroys what He has created. ||25||	ਹੇ ਨਾਨਕ! ਕਰਤਾਰ ਸਭ ਕੁਝ ਕਰ ਸਕਣ ਦੀ ਸਮਰਥਾ ਵਾਲਾ ਹੈ (ਉਸ ਨੂੰ ਕਦੇ ਝੁਰਨ ਦੀ ਦੁਖੀ ਹੋਣ ਦੀ ਲੋੜ ਨਹੀਂ), ਉਹ ਤਾਂ ਪੈਦਾ ਕਰ ਕੇ ਨਾਸ ਕਰ ਕੇ (ਸਭ ਕੁਝ ਕਰ ਕੇ ਆਪ ਹੀ) ਵੇਖਦਾ ਹੈ ॥੨੫॥

59928	1412	ਮਨ ਮਹਿ ਝੂਰੈ ਰਾਮਚੰਦੁ ਸੀਤਾ ਲਛਮਣ ਜੋਗੁ॥		Man Mehi Jhoorai Raamachandh Seethaa Lashhaman Jog ||	In his mind, Raam Chand mourned for Sita and Lachhman.	(ਵੇਖੋ, ਸ੍ਰੀ) ਰਾਮਚੰਦ੍ਰ (ਆਪਣੇ) ਮਨ ਵਿਚ ਸੀਤਾ (ਜੀ) ਦੀ ਖ਼ਾਤਰ ਦੁਖੀ ਹੋਇਆ (ਜਦੋਂ ਸੀਤਾ ਜੀ ਨੂੰ ਰਾਵਣ ਚੁਰਾ ਕੇ ਲੈ ਗਿਆ, ਫਿਰ) ਦੁਖੀ ਹੋਇਆ ਲਛਮਣ ਦੀ ਖ਼ਾਤਰ (ਜਦੋਂ ਰਣਭੂਮੀ ਵਿਚ ਲਛਮਨ ਬਰਛੀ ਨਾਲ ਮੂਰਛਿਤ ਹੋਇਆ)।
59929	1412	ਹਣਵੰਤਰੁ ਆਰਾਧਿਆ ਆਇਆ ਕਰਿ ਸੰਜੋਗੁ॥	(ਹਣਵੰਤਰੁ) ਹਨੂੰਮਾਨ	Hanavanthar Aaraadhhiaa Aaeiaa Kar Sanjog ||	Then, he remembered Hanuman the monkey-god, who came to him.	(ਤਦੋਂ ਸ੍ਰੀ ਰਾਮਚੰਦ੍ਰ ਨੇ) ਹਨੂਮਾਨ ਨੂੰ ਯਾਦ ਕੀਤਾ ਜੋ (ਪਰਮਾਤਮਾ ਵਲੋਂ ਬਣੇ) ਸੰਜੋਗ ਦੇ ਕਾਰਨ (ਸ੍ਰੀ ਰਾਮਚੰਦ੍ਰ ਜੀ ਦੀ ਸਰਨ) ਆਇਆ ਸੀ।
59930	1412	ਭੂਲਾ ਦੈਤੁ ਨ ਸਮਝਈ ਤਿਨਿ ਪ੍ਰਭ ਕੀਏ ਕਾਮ॥	ਦੈਂਤੁ	Bhoolaa Dhaith N Samajhee Thin Prabh Keeeae Kaam ||	The misguided demon did not understand that God is the Doer of deeds.	ਮੂਰਖ ਰਾਵਣ (ਭੀ) ਇਹ ਗੱਲ ਨਾਹ ਸਮਝਿਆ ਕਿ ਇਹ ਸਾਰੇ ਕੰਮ ਪਰਮਾਤਮਾ ਨੇ (ਆਪ ਹੀ) ਕੀਤੇ ਸਨ
59931	1412	ਨਾਨਕ ਵੇਪਰਵਾਹੁ ਸੋ ਕਿਰਤੁ ਨ ਮਿਟਈ ਰਾਮ॥੨੬॥		Naanak Vaeparavaahu So Kirath N Mittee Raam ||26||	O Nanak, the actions of the Self-existent Lord cannot be erased. ||26||	ਉਹ ਪਰਮਾਤਮਾ (ਤਾਂ) ਬੇ-ਮੁਥਾਜ ਹੈ, (ਸ੍ਰੀ ਰਾਮਚੰਦ੍ਰ ਉਸ ਪਰਮਾਤਮਾ ਦੀ ਬਰਾਬਰੀ ਨਹੀਂ ਕਰ ਸਕਦਾ) (ਸ੍ਰੀ) ਰਾਮਚੰਦ (ਜੀ) ਪਾਸੋਂ ਭਾਵੀ ਨਾਹ ਮਿਟ ਸਕੀ ॥੨੬॥

59932	1412	ਲਾਹੌਰ ਸਹਰੁ ਜਹਰੁ ਕਹਰੁ ਸਵਾ ਪਹਰੁ॥੨੭॥		Laahaar Sehar Jehar Kehar Savaa Pehar ||27||	The city of Lahore suffered terrible destruction for four hours. ||27||	ਲਾਹੌਰ ਦਾ ਸ਼ਹਰ (ਸ਼ਹਰ-ਨਿਵਾਸੀਆਂ ਵਾਸਤੇ ਆਤਮਕ ਮੌਤ ਲਿਆਈ ਰੱਖਣ ਦੇ ਕਾਰਣ) ਜ਼ਹਰ (ਬਣਿਆ ਪਿਆ ਹੈ, ਕਿਉਂਕਿ ਇੱਥੇ ਨਿੱਤ ਸਵੇਰੇ ਰੱਬੀ ਸਿਫ਼ਤ-ਸਾਲਾਹ ਦੀ ਥਾਂ) ਸਵਾ ਪਹਰ (ਦਿਨ ਚੜ੍ਹੇ ਤਕ ਮਾਸ ਦੀ ਖ਼ਾਤਰ ਪਸ਼ੂਆਂ ਉਤੇ) ਕਹਰ (ਹੁੰਦਾ ਰਹਿੰਦਾ ਹੈ। ਮਾਸ ਆਦਿਕ ਖਾਣਾ ਅਤੇ ਵਿਸ਼ੇ ਭੋਗਣਾ ਹੀ ਲਾਹੌਰ-ਨਿਵਾਸੀਆਂ ਦਾ ਜੀਵਨ-ਮਨੋਰਥ ਬਣ ਰਿਹਾ ਹੈ) ॥੨੭॥
59933	1412	ਮਹਲਾ ੩॥		Mehalaa 3 ||	Third Mehl:	
59934	1412	ਲਾਹੌਰ ਸਹਰੁ ਅੰਮ੍ਰਿਤਸਰੁ ਸਿਫਤੀ ਦਾ ਘਰੁ॥੨੮॥		Laahaar Sehar Anmrith Sar Sifathee Dhaa Ghar ||28||	The city of Lahore is a pool of ambrosial nectar, the home of praise. ||28||	(ਹੁਣ) ਲਾਹੌਰ ਸ਼ਹਰ ਅੰਮ੍ਰਿਤ ਦਾ ਚਸ਼ਮਾ ਬਣ ਗਿਆ ਹੈ, ਪਰਮਾਤਮਾ ਦੀ ਸਿਫ਼ਤ-ਸਾਲਾਹ ਦਾ ਸੋਮਾ ਬਣ ਗਿਆ ਹੈ (ਕਿਉਂਕਿ ਗੁਰੂ ਰਾਮਦਾਸ ਜੀ ਦਾ ਜਨਮ ਹੋਇਆ ਹੈ) ॥੨੮॥
59935	1412	ਮਹਲਾ ੧॥		Mehalaa 1 ||	First Mehl:	

59936	1412	ਉਦੋਸਾਹੈ ਕਿਆ ਨੀਸਾਨੀ ਤੋਟਿ ਨ ਆਵੈ ਅੰਨੀ॥		Oudhosaahai Kiaa Neesaanee Thott N Aavai Annee ||	What are the signs of a prosperous person? His stores of food never run out.	ਨਿਰੀ ਮਾਇਆ ਦੀ ਖ਼ਾਤਰ ਕੀਤੀ ਦੌੜ-ਭੱਜ ਦੀ ਕੀਹ ਪਛਾਣ ਹੈ? (ਪਛਾਣ ਇਹ ਹੈ ਕਿ ਇਹ ਦੌੜ-ਭੱਜ ਕਰਨ ਵਾਲੇ ਨੂੰ) ਅੰਨ-ਧਨ ਦੀ ਘਾਟ ਨਹੀਂ ਹੁੰਦੀ।
59937	1412	ਉਦੋਸੀਅ ਘਰੇ ਹੀ ਵੁਠੀ ਕੁੜਿਈਂ ਰੰਨੀ ਧੰਮੀ॥	(ਉਦੋਸੀਅ) ਬਹੁਤੀ ਵਿਭੂਤ, ਪ੍ਰਭਤਾ।ਵੁੱਠੀ। ਕੁੜਿ-ਈਂ	Oudhoseea Gharae Hee Vuthee Kurrieanaee Rannee Dhhanmee ||	Prosperity dwells in his home, with the sounds of girls and women.	(ਪਰ ਨਿਰੀ ਮਾਇਆ ਦੀ ਖ਼ਾਤਰ ਦੌੜ-ਭੱਜ ਦੇ ਕਾਰਨ ਹਰਿ-ਨਾਮ ਵਲੋਂ) ਲਾ-ਪਰਵਾਹੀ ਭੀ ਸਦਾ ਹਿਰਦੇ-ਘਰ ਵਿਚ ਟਿਕੀ ਰਹਿੰਦੀ ਹੈ, ਮਾਇਆ ਦੇ ਮੋਹ ਵਿਚ ਫਸੀਆਂ ਇੰਦ੍ਰੀਆਂ ਦਾ ਧਮੱਚੜ ਪਿਆ ਰਹਿੰਦਾ ਹੈ।
59938	1412	ਸਤੀ ਰੰਨੀ ਘਰੇ ਸਿਆਪਾ ਰੋਵਨਿ ਕੂੜੀ ਕੰਮੀ॥	ਸੱਤੀਂ	Sathee Rannee Gharae Siaapaa Rovan Koorree Kanmee ||	All the women of his home shout and cry over useless things.	(ਦੋ ਅੱਖਾਂ, ਦੋ ਕੰਨ, ਇਕ ਨੱਕ, ਇਕ ਮੂੰਹ, ਇਕ ਕਾਮ-ਇੰਦ੍ਰੀ, ਇਹਨਾਂ) ਸੱਤਾਂ ਹੀ ਇੰਦ੍ਰੀਆਂ ਦਾ ਝਗੜਾ ਸਰੀਰ-ਘਰ ਵਿਚ ਬਣਿਆ ਰਹਿੰਦਾ ਹੈ। ਇਹ ਇੰਦ੍ਰੀਆਂ (ਵਿਕਾਰਾਂ ਵਾਲੇ) ਕੂੜੇ ਕੰਮਾਂ ਵਾਸਤੇ ਰੌਲਾ ਪਾਂਦੀਆਂ ਰਹਿੰਦੀਆਂ ਹਨ।

59939	1412	ਜੋ ਲੇਵੈ ਸੋ ਦੇਵੈ ਨਾਹੀ ਖਟੇ ਦੰਮ ਸਹੰਮੀ॥੨੯॥	ਖੱਟੇ	Jo Laevai So Dhaevai Naahee Khattae Dhanm Sehanmee ||29||	Whatever he takes, he does not give back. Seeking to earn more and more, he is troubled and uneasy. ||29||	(ਜਿਹੜਾ ਮਨੁੱਖ ਨਿਰੀ ਮਾਇਆ ਦੀ ਖ਼ਾਤਰ ਹੀ ਦੌੜ-ਭੱਜ ਕਰਦਾ ਰਹਿੰਦਾ ਹੈ, ਉਹ) ਦਮੜੇ ਤਾਂ ਕਮਾਂਦਾ ਹੈ, ਪਰ ਸਹਮ ਵਿਚ ਟਿਕਿਆ ਰਹਿੰਦਾ ਹੈ, ਜੋ ਕੁਝ ਕਮਾਂਦਾ ਹੈ ਉਹ ਹੋਰਨਾਂ ਨੂੰ ਹੱਥੋਂ ਦੇਂਦਾ ਨਹੀਂ ॥੨੯॥
59940	1412	ਪਬਰ ਤੂੰ ਹਰੀਆਵਲਾ ਕਵਲਾ ਕੰਚਨ ਵੰਨਿ॥	ਪੱਬਰ। ਹਰੀ-ਆਵਲਾ: ਬਿਹਾਰੀ ਦੱਬ ਕੇ ਬੋਲੋ	Pabar Thoon Hareeaavalaa Kavalaa Kanchan Vann ||	O lotus, your leaves were green, and your blossoms were gold.	ਹੇ ਸਰੋਵਰ! ਤੂੰ (ਕਦੇ) ਚੁਫੇਰੇ ਹਰਾ ਹੀ ਹਰਾ ਸੈਂ, (ਤੇਰੇ ਅੰਦਰ) ਸੋਨੇ ਦੇ ਰੰਗ ਵਾਲੇ (ਚਮਕਦੇ) ਕੌਲ-ਫੁੱਲ (ਖਿੜੇ ਹੋਏ ਸਨ)।
59941	1412	ਕੈ ਦੋਖੜੈ ਸੜਿਓਹਿ ਕਾਲੀ ਹੋਈਆ ਦੇਹੁਰੀ ਨਾਨਕ ਮੈ ਤਨਿ ਭੰਗੁ॥		Kai Dhokharrai Sarriouhi Kaalee Hoeeaa Dhaehuree Naanak Mai Than Bhang ||	What pain has burnt you, and made your body black? O Nanak, my body is battered.	ਹੁਣ ਤੂੰ ਕਿਸ ਨੁਕਸ ਦੇ ਕਾਰਨ ਸੜ ਗਿਆ ਹੈਂ? ਤੇਰਾ ਸੋਹਣਾ ਸਰੀਰ ਕਿਉਂ ਕਾਲਾ ਹੋ ਗਿਆ ਹੈ? ਹੇ ਨਾਨਕ! (ਇਸ ਕਾਲਖ ਦਾ ਕਾਰਨ ਇਹ ਹੈ ਕਿ) ਮੇਰੇ ਸਰੀਰ ਵਿਚ (ਪਾਣੀ ਵਲੋਂ) ਟੋਟ ਆ ਗਈ ਹੈ।
59942	1412	ਜਾਣਾ ਪਾਣੀ ਨਾ ਲਹਾਂ ਜੈ ਸੇਤੀ ਮੇਰਾ ਸੰਗੁ॥		Jaanaa Paanee Naa Lehaan Jai Saethee Maeraa Sang ||	I have not received that water which I love.	ਮੈਨੂੰ ਇਹ ਸਮਝ ਆ ਰਹੀ ਹੈ ਕਿ (ਉਹ) ਪਾਣੀ ਹੁਣ ਮੈਨੂੰ ਨਹੀਂ ਮਿਲਦਾ, ਜਿਸ (ਪਾਣੀ) ਨਾਲ ਮੇਰਾ (ਸਦਾ) ਸਾਥ (ਰਹਿੰਦਾ ਸੀ),

59943	1412	ਜਿਤੁ ਡਿਠੈ ਤਨੁ ਪਰਫੁੜੈ ਚੜੈ ਚਵਗਣਿ ਵੰਨੁ॥੩੦॥	ਪਰ-ਫੁੜੈ। ਚੜ੍ਹੈ, ਚ-ਵੱਗਣਿ	Jith Ddithai Than Parafurrai Charrai Chavagan Vann ||30||	Seeing it, my body blossomed forth, and I was blessed with a deep and beautiful color. ||30||	ਜਿਸ (ਪਾਣੀ) ਦਾ ਦਰਸਨ ਕਰ ਕੇ ਸਰੀਰ ਖਿੜਿਆ ਰਹਿੰਦਾ ਹੈ, ਚਾਰ-ਗੁਣਾਂ ਰੰਗ ਚੜ੍ਹਿਆ ਰਹਿੰਦਾ ਹੈ (ਉਹ) ਪਾਣੀ ਹੁਣ ਮੈਨੂੰ ਨਹੀਂ ਮਿਲਦਾ ॥੩੦॥
59944	1412	ਰਜਿ ਨ ਕੋਈ ਜੀਵਿਆ ਪਹੁਚਿ ਨ ਚਲਿਆ ਕੋਇ॥		Raj N Koee Jeeviaa Pahuch N Chaliaa Koe ||	No one lives long enough to accomplish all he wishes.	(ਲੰਮੀ) ਉਮਰ ਭੋਗ ਭੋਗ ਕੇ ਭੀ ਕਿਸੇ ਮਨੁੱਖ ਦੀ ਕਦੇ ਤਸੱਲੀ ਨਹੀਂ ਹੋਈ। ਨਾਹ ਕੋਈ ਮਨੁੱਖ ਦੁਨੀਆ ਵਾਲੇ ਸਾਰੇ ਧੰਧੇ ਮੁਕਾ ਕੇ (ਇੱਥੋਂ) ਤੁਰਦਾ ਹੈ (ਨਾਹ ਹੀ ਕੋਈ ਇਹ ਆਖਦਾ ਹੈ ਕਿ ਹੁਣ ਮੇਰੇ ਕੰਮ-ਧੰਧੇ ਮੁੱਕ ਗਏ ਹਨ)।
59945	1412	ਗਿਆਨੀ ਜੀਵੈ ਸਦਾ ਸਦਾ ਸੁਰਤੀ ਹੀ ਪਤਿ ਹੋਇ॥		Giaanee Jeevai Sadhaa Sadhaa Surathee Hee Path Hoe ||	Only the spiritually wise live forever; they are honored for their intuitive awareness.	ਆਤਮਕ ਜੀਵਨ ਸੂਝ ਵਾਲਾ ਮਨੁੱਖ ਸਦਾ ਹੀ ਆਤਮਕ ਜੀਵਨ ਜੀਊਂਦਾ ਹੈ (ਸਦਾ ਆਪਣੀ ਸੁਰਤ ਪਰਮਾਤਮਾ ਦੀ ਯਾਦ ਵਿਚ ਜੋੜੀ ਰੱਖਦਾ ਹੈ) (ਪਰਮਾਤਮਾ ਵਿਚ) ਸੁਰਤ ਜੋੜੀ ਰੱਖਣ ਵਾਲੇ ਮਨੁੱਖ ਦੀ ਹੀ (ਲੋਕ ਪਰਲੋਕ ਵਿਚ) ਇੱਜ਼ਤ ਹੁੰਦੀ ਹੈ।
59946	1412	ਸਰਫੈ ਸਰਫੈ ਸਦਾ ਸਦਾ ਏਵੈ ਗਈ ਵਿਹਾਇ॥		Sarafai Sarafai Sadhaa Sadhaa Eaevai Gee Vihaae ||	Bit by bit, life passes away, even though the mortal tries to hold it back.	(ਮਾਇਆ-ਵੇੜ੍ਹੇ ਮਨੁੱਖ ਦੀ ਉਮਰ) ਸਦਾ ਹੀ ਕਿਰਸਾਂ ਕਰਦਿਆਂ ਕਰਦਿਆਂ ਇਹਨਾਂ ਕਿਰਸਾਂ ਵਿਚ ਹੀ ਬੀਤ ਜਾਂਦੀ ਹੈ।

59947	1412	ਨਾਨਕ ਕਿਸ ਨੋ ਆਖੀਐ ਵਿਣੁ ਪੁਛਿਆ ਹੀ ਲੈ ਜਾਇ॥੩੧॥		Naanak Kis No Aakheeai Vin Pushhiaa Hee Lai Jaae ||31||	O Nanak, unto whom should we complain? Death takes one's life away without anyone's consent. ||31||	(ਸਰਫ਼ਿਆਂ-ਮਾਰੇ ਮਨੁੱਖ ਨੂੰ ਭੀ ਮੌਤ) ਉਸ ਦੀ ਸਲਾਹ ਪੁੱਛਣ ਤੋਂ ਬਿਨਾ ਹੀ ਇੱਥੋਂ ਲੈ ਤੁਰਦੀ ਹੈ। ਕਿਸੇ ਦੀ ਭੀ ਪੇਸ਼ ਨਹੀਂ ਜਾ ਸਕਦੀ ॥੩੧॥
59948	1412	ਦੋਸੁ ਨ ਦੇਅਹੁ ਰਾਇ ਨੋ ਮਤਿ ਚਲੈ ਜਾਂ ਬੁਢਾ ਹੋਵੈ॥		Dhos N Dhaeahu Raae No Math Chalai Jaan Budtaa Hovai ||	Do not blame the Sovereign Lord; when someone grows old, his intellect leaves him.	ਮਾਇਆਧਾਰੀ ਮਨੁੱਖ ਦੇ ਸਿਰ ਦੋਸ਼ ਨਾਹ ਥੱਪੋ (ਮਾਇਆ ਦਾ ਮੋਹ ਉਸ ਨੂੰ ਸਦਾ ਮਾਇਆ ਵਿਚ ਹੀ ਜਕੜੀ ਰੱਖਦਾ ਹੈ)। ਜਦੋਂ (ਮਾਇਆ-ਵੇੜ੍ਹਿਆ ਮਨੁੱਖ) ਬੁੱਢਾ (ਵੱਡੀ ਉਮਰ ਦਾ) ਹੋ ਜਾਂਦਾ ਹੈ (ਤਦੋਂ ਤਾਂ ਪਰਮਾਰਥ ਵਾਲੇ ਪਾਸੇ ਕੰਮ ਕਰਨ ਵਲੋਂ ਉਸ ਦੀ) ਅਕਲ (ਉੱਕਾ ਹੀ) ਰਹਿ ਜਾਂਦੀ ਹੈ।
59949	1412	ਗਲਾਂ ਕਰੇ ਘਣੇਰੀਆ ਤਾਂ ਅੰਨ੍ਹੇ ਪਵਣਾ ਖਾਤੀ ਟੋਵੈ॥੩੨॥		Galaan Karae Ghanaereeaa Thaan Annhae Pavanaa Khaathee Ttovai ||32||	The blind man talks and babbles, and then falls into the ditch. ||32||	(ਉਹ ਹਰ ਵੇਲੇ ਮਾਇਆ ਦੀਆਂ ਹੀ) ਬਹੁਤੀਆਂ ਗੱਲਾਂ ਕਰਦਾ ਰਹਿੰਦਾ ਹੈ। ਅੰਨ੍ਹੇ ਮਨੁੱਖ ਨੇ ਤਾਂ ਟੋਇਆਂ ਗੜ੍ਹਿਆਂ ਵਿਚ ਹੀ ਡਿੱਗਣਾ ਹੋਇਆ (ਜਿਸ ਮਨੁੱਖ ਨੂੰ ਆਤਮਕ ਜੀਵਨ ਵਾਲਾ ਰਸਤਾ ਦਿੱਸੇ ਹੀ ਨਾਹ, ਉਸ ਨੇ ਤਾਂ ਮੋਹ ਦੇ ਠੇਢੇ ਖਾ ਖਾ ਕੇ ਦੁੱਖਾਂ ਵਿਚ ਹੀ ਪਏ ਰਹਿਣਾ ਹੋਇਆ) ॥੩੨॥

59950	1412	ਪੂਰੇ ਕਾ ਕੀਆ ਸਭ ਕਿਛੁ ਪੂਰਾ ਘਟਿ ਵਧਿ ਕਿਛੁ ਨਾਹੀ॥	ਘੱਟਿ ਵੱਧਿ	Poorae Kaa Keeaa Sabh Kishh Pooraa Ghatt Vadhh Kishh Naahee ||	All that the Perfect Lord does is perfect; there is not too little, or too much.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਇਹ ਨਿਸਚਾ ਰੱਖਦਾ ਹੈ ਕਿ ਸਰਬ-ਗੁਣ-ਭਰਪੂਰ ਪਰਮਾਤਮਾ ਦੀ ਰਚੀ ਜਗਤ-ਮਰਯਾਦਾ ਅਭੁੱਲ ਹੈ, ਇਸ ਵਿਚ ਕਿਤੇ ਕੋਈ ਨੁਕਸ ਨਹੀਂ ਹੈ।
59951	1412	ਨਾਨਕ ਗੁਰਮੁਖਿ ਐਸਾ ਜਾਣੈ ਪੂਰੇ ਮਾਂਹਿ ਸਮਾਂਹੀ॥੩੩॥		Naanak Guramukh Aisaa Jaanai Poorae Maanhi Samaanhee ||33||	O Nanak, knowing this as Gurmukh, the mortal merges into the Perfect Lord God. ||33||	ਹੇ ਨਾਨਕ! (ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਇਸ ਨਿਸ਼ਚੇ ਦੀ ਬਰਕਤਿ ਨਾਲ) ਸਾਰੇ ਗੁਣਾਂ ਦੇ ਮਾਲਕ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦੇ ਹਨ ॥੩੩॥
59952	1413	ਸਲੋਕ ਮਹਲਾ ੩		Salok Mehalaa 3	Shalok, Third Mehl:	ਗੁਰੂ ਅਮਰਦਾਸ ਜੀ ਦੇ ਸਲੋਕ।
59953	1413	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
59954	1413	ਅਭਿਆਗਤ ਏਹ ਨ ਆਖੀਅਹਿ ਜਿਨ ਕੈ ਮਨ ਮਹਿ ਭਰਮੁ॥	(ਅਭਿਆ-ਗਤ) ਸਾਧੂ ਸੰਤ	Abhiaagath Eaeh N Aakheeahi Jin Kai Man Mehi Bharam ||	Do not call the wandering beggars holy men, if their minds are filled with doubt.	ਇਹੋ ਜਿਹੇ ਬੰਦੇ 'ਸਾਧ-ਸੰਤ' ਨਹੀਂ ਆਖੇ ਜਾ ਸਕਦੇ, ਜਿਨ੍ਹਾਂ ਦੇ ਮਨ ਵਿਚ (ਮਾਇਆ ਆਦਿਕ ਮੰਗਣ ਦੀ ਖ਼ਾਤਰ ਹੀ) ਭਟਕਣਾ ਲੱਗੀ ਪਈ ਹੈ।
59955	1413	ਤਿਨ ਕੇ ਦਿਤੇ ਨਾਨਕਾ ਤੇਹੋ ਜੇਹਾ ਧਰਮੁ॥੧॥		Thin Kae Dhithae Naanakaa Thaeho Jaehaa Dhharam ||1||	Whoever gives to them, O Nanak, earns the same sort of merit. ||1||	ਹੇ ਨਾਨਕ! ਇਹੋ ਜਿਹੇ ਸਾਧਾਂ ਨੂੰ (ਅੰਨ ਬਸਤ੍ਰ ਮਾਇਆ ਆਦਿਕ) ਦੇਣਾ ਕੋਈ ਧਾਰਮਿਕ ਕੰਮ ਨਹੀਂ ਹੈ ॥੧॥

59956	1413	ਅਭੈ ਨਿਰੰਜਨ ਪਰਮਪਦੁ ਤਾ ਕਾ ਭੀਖਕੁ ਹੋਇ॥	ਅ-ਭੈ: ਪੋਲਾ ਬੋਲੋ	Abhai Niranjan Param Padh Thaa Kaa Bheekhak Hoe ||	One who begs for the supreme status of the Fearless and Immaculate Lord	ਜਿਸ ਪਰਮਾਤਮਾ ਨੂੰ ਕੋਈ ਡਰ ਨਹੀਂ ਪੋਹ ਸਕਦਾ, ਜਿਸ ਪਰਮਾਤਮਾ ਨੂੰ ਮਾਇਆ ਦੇ ਮੋਹ ਕਾਲਖ ਨਹੀਂ ਲੱਗ ਸਕਦੀ, ਉਸ ਦਾ ਮਿਲਾਪ ਸਭ ਤੋਂ ਉੱਚਾ ਆਤਮਕ ਦਰਜਾ ਹੈ। ਜਿਹੜਾ ਮਨੁੱਖ ਉਸ (ਉੱਚੇ ਆਤਮਕ ਦਰਜੇ) ਦਾ ਭਿਖਾਰੀ ਹੈ (ਉਹ ਹੈ ਅਸਲ 'ਸਾਧਸੰਤ')।
59957	1413	ਤਿਸ ਕਾ ਭੋਜਨੁ ਨਾਨਕਾ ਵਿਰਲਾ ਪਾਏ ਕੋਇ॥੨॥		This Kaa Bhojan Naanakaa Viralaa Paaeae Koe ||2||	- how rare are those who have the opportunity, O Nanak, to give food to such a person. ||2||	ਹੇ ਨਾਨਕ! ਇਹੋ ਜਿਹੇ (ਭਿਖਾਰੀ) ਵਾਲਾ (ਨਾਮ-) ਭੋਜਨ ਕਿਸੇ ਵਿਰਲੇ ਨੂੰ ਹੀ ਪ੍ਰਾਪਤ ਹੁੰਦਾ ਹੈ ॥੨॥
59958	1413	ਹੋਵਾ ਪੰਡਿਤੁ ਜੋਤਕੀ ਵੇਦ ਪੜਾ ਮੁਖਿ ਚਾਰਿ॥	ਪੜ੍ਹਾਂ	Hovaa Panddith Jothakee Vaedh Parraa Mukh Chaar ||	If I were a religious scholar, an astrologer, or one who could recite the four Vedas,	ਜੇ ਮੈਂ (ਮਿਹਨਤ ਨਾਲ ਵਿੱਦਿਆ ਪ੍ਰਾਪਤ ਕਰ ਕੇ) ਜੋਤਸ਼ੀ (ਭੀ) ਬਣ ਜਾਵਾਂ, ਪੰਡਿਤ (ਭੀ) ਬਣ ਜਾਵਾਂ, (ਅਤੇ) ਚਾਰੇ ਵੇਦ (ਆਪਣੇ) ਮੂੰਹੋਂ ਪੜ੍ਹਦਾ ਰਹਾਂ,
59959	1413	ਨਵਾਂ ਖੰਡਾ ਵਿਚਿ ਜਾਣੀਆਂ ਅਪਨੇ ਚਜ ਵੀਚਾਰ॥੩॥	ਚੱਜ	Navaa Khanddaa Vich Jaaneeaa Apanae Chaj Veechaar ||3||	I could be famous throughout the nine regions of the earth, for my wisdom and thoughtful contemplation. ||3||	ਤਾਂ ਭੀ ਜਗਤ ਵਿਚ ਮੈਂ ਉਹੋ ਜਿਹਾ ਹੀ ਸਮਝਿਆ ਜਾਵਾਂਗਾ, ਜਿਹੋ ਜਿਹੇ ਮੇਰੇ ਕਰਤੱਬ ਹਨ ਤੇ ਮੇਰੇ ਖ਼ਿਆਲ ਹਨ ॥੩॥

59960	1413	ਬ੍ਰਹਮਣ ਕੈਲੀ ਘਾਤੁ ਕੰਞਕਾ ਅਣਚਾਰੀ ਕਾ ਧਾਨੁ॥	(ਬ੍ਰਹਮਣ) ਬ੍ਰਹਮ ਜੀ ਨੂੰ ਜਾਨਣ ਜਨਾਉਣ ਵਾਲੇ ਬ੍ਰਹਮਣ। (ਕੈਲੀ) ਗਊ, (ਕੰਞਕਾ) ਲੜਕੀ। ਖੋਟੇ ਕੰਮ ਕਰਨ ਵਾਲਾ ਅਣਚਾਰੀ (ਧਾਨੁ) ਅੰਨ	Brehaman Kailee Ghaath Kannjakaa Anachaaree Kaa Dhhaan ||	If a Brahmin kills a cow or a female infant, and accepts the offerings of an evil person,	ਬ੍ਰਾਹਮਣ ਦੀ ਹੱਤਿਆ, ਗਾਂ ਦੀ ਹੱਤਿਆ, ਧੀ ਦੀ ਹੱਤਿਆ (ਧੀ ਦਾ ਪੈਸਾ), ਕੁਕਰਮੀ ਦਾ ਪੈਸਾ,
59961	1413	ਫਿਟਕ ਫਿਟਕਾ ਕੋੜੁ ਬਦੀਆ ਸਦਾ ਸਦਾ ਅਭਮਾਨੁ॥		Fittak Fittakaa Korr Badheeaa Sadhaa Sadhaa Abhimaan ||	He is cursed with the leprosy of curses and criticism; he is forever and ever filled with egotistical pride.	(ਜਗਤ ਵਲੋਂ) ਫਿਟਕਾਰਾਂ ਹੀ ਫਿਟਕਾਰਾਂ, ਬਦੀਆਂ ਦਾ ਕੋਹੜ, ਹਰ ਵੇਲੇ ਦੀ ਆਕੜ-
59962	1413	ਪਾਹਿ ਏਤੇ ਜਾਹਿ ਵੀਸਰਿ ਨਾਨਕਾ ਇਕੁ ਨਾਮੁ॥		Paahi Eaethae Jaahi Veesar Naanakaa Eik Naam ||	One who forgets the Naam, O Nanak, is covered by countless sins.	ਇਹ ਸਾਰੇ ਹੀ ਐਬ, ਹੇ ਨਾਨਕ! ਉਹ ਮਨੁੱਖ ਖੱਟਦੇ ਰਹਿੰਦੇ ਹਨ, ਜਿਨ੍ਹਾਂ ਨੂੰ ਪਰਮਾਤਮਾ ਦਾ ਨਾਮ ਭੁੱਲਿਆ ਰਹਿੰਦਾ ਹੈ।
59963	1413	ਸਭ ਬੁਧੀ ਜਾਲੀਅਹਿ ਇਕੁ ਰਹੈ ਤਤੁ ਗਿਆਨੁ॥੪॥		Sabh Budhhee Jaaleeahi Eik Rehai Thath Giaan ||4||	Let all wisdom be burnt away, except for the essence of spiritual wisdom. ||4||	ਹੋਰ ਸਾਰੀਆਂ ਹੀ ਸਿਆਣਪਾਂ ਵਿਅਰਥ ਜਾਂਦੀਆਂ ਹਨ, ਸਿਰਫ਼ ਪ੍ਰਭੂ ਦਾ ਨਾਮ ਹੀ ਕਾਇਮ ਰਹਿੰਦਾ ਹੈ। ਇਹ ਨਾਮ ਹੀ ਹੈ ਜੀਵਨ ਦਾ ਨਿਚੋੜ, ਇਹ ਨਾਮ ਹੀ ਹੈ ਅਸਲ ਗਿਆਨ ॥੪॥

59964	1413	ਮਾਥੈ ਜੋ ਧੁਰਿ ਲਿਖਿਆ ਸੁ ਮੇਟਿ ਨ ਸਕੈ ਕੋਇ॥		Maathhai Jo Dhhur Likhiaa S Maett N Sakai Koe ||	No one can erase that primal destiny written upon one's forehead.	(ਮਨੁੱਖ ਦੇ ਕੀਤੇ ਕਰਮਾਂ ਅਨੁਸਾਰ) ਧੁਰ ਦਰਗਾਹ ਤੋਂ ਲਿਖੇ ਲੇਖ ਨੂੰ ਕੋਈ ਮਨੁੱਖ ਮਿਟਾ ਨਹੀਂ ਸਕਦਾ।
59965	1413	ਨਾਨਕ ਜੋ ਲਿਖਿਆ ਸੋ ਵਰਤਦਾ ਸੋ ਬੂਝੈ ਜਿਸ ਨੋ ਨਦਰਿ ਹੋਇ॥੫॥		Naanak Jo Likhiaa So Varathadhaa So Boojhai Jis No Nadhar Hoe ||5||	O Nanak, whatever is written there, comes to pass. He alone understands, who is blessed by God's Grace. ||5||	ਜਿਸ ਮਨੁੱਖ ਉੱਤੇ ਪਰਮਾਤਮਾ ਦੀ ਮਿਹਰ ਦੀ ਨਿਗਾਹ ਹੋਵੇ, ਉਹੀ (ਇਸ ਭੇਤ ਨੂੰ) ਸਮਝਦਾ ਹੈ ਕਿ ਧੁਰ ਦਰਗਾਹ ਤੋਂ ਜਿਹੜਾ ਲੇਖ ਲਿਖਿਆ ਜਾਂਦਾ ਹੈ ਉਹ ਵਾਪਰਦਾ ਰਹਿੰਦਾ ਹੈ ॥੫॥
59966	1413	ਜਿਨੀ ਨਾਮੁ ਵਿਸਾਰਿਆ ਕੂੜੈ ਲਾਲਚਿ ਲਗਿ॥		Jinee Naam Visaariaa Koorrai Laalach Lag ||	Those who forget the Naam, the Name of the Lord, and become attached to greed and fraud,	ਨਾਸਵੰਤ ਪਦਾਰਥਾਂ ਦੇ ਲਾਲਚ ਵਿਚ ਫਸ ਕੇ ਜਿਨ੍ਹਾਂ (ਮਨੁੱਖਾਂ) ਨੇ (ਪਰਮਾਤਮਾ ਦਾ) ਨਾਮ ਭੁਲਾ ਦਿੱਤਾ,
59967	1413	ਧੰਧਾ ਮਾਇਆ ਮੋਹਣੀ ਅੰਤਰਿ ਤਿਸਨਾ ਅਗਿ॥	ਅੱਗਿ	Dhhandhhaa Maaeiaa Mohanee Anthar Thisanaa Ag ||	Are engrossed in the entanglements of Maya the enticer, with the fire of desire within them.	ਜੋ ਮਨੁੱਖ ਮਨ ਨੂੰ ਮੋਹ ਲੈਣ ਵਾਲੀ ਮਾਇਆ ਦੀ ਖ਼ਾਤਰ ਹੀ ਦੌੜ-ਭੱਜ ਕਰਦੇ ਰਹੇ, (ਉਹਨਾਂ ਦੇ) ਅੰਦਰ ਤ੍ਰਿਸ਼ਨਾ ਦੀ ਅੱਗ (ਬਲਦੀ ਰਹਿੰਦੀ ਹੈ)।
59968	1413	ਜਿਨ੍ਹਾ ਵੇਲਿ ਨ ਤੂੰਬੜੀ ਮਾਇਆ ਠਗੇ ਠਗਿ॥		Jinhaa Vael N Thoonbarree Maaeiaa Thagae Thag ||	Those who, like the pumpkin vine, are too stubborn climb the trellis, are cheated by Maya the cheater.	ਮਾਇਆ ਦੇ (ਮੋਹ-ਰੂਪ) ਠੱਗ ਕੇ ਜਿਨ੍ਹਾਂ ਦੇ ਆਤਮਕ ਸਰਮਾਏ ਨੂੰ ਲੁੱਟ ਲਿਆ, ਉਹ ਮਨੁੱਖ ਉਹਨਾਂ ਵੇਲਾਂ ਵਾਂਗ ਹਨ ਜਿਨ੍ਹਾਂ ਨੂੰ ਕੋਈ ਫਲ ਨਹੀਂ ਪੈਂਦਾ।

59969	1413	ਮਨਮੁਖਿ ਬੰਨ੍ਹਿ ਚਲਾਈਅਹਿ ਨਾ ਮਿਲਹੀ ਵਗਿ ਸਗਿ॥	(ਵੱਗਿ) ਬਗਲੇ ਪਖੰਡੀ। ਸਗਿ:ਪੋਲਾ ਬੋਲੋ। (ਸਗਿ) ਕੁੱਤੇ ਮਨਮੁਖ ਨਹੀਂ ਮਿਲ ਸਕਦੇ। ਚਲਾਈ-ਅਹਿ	Manamukh Bannih Chalaaeeahi Naa Milehee Vag Sag ||	The self-willed manmukhs are bound and gagged and led away; the dogs do not join the herd of cows.	(ਜਿਵੇਂ ਕੁੱਤੇ ਗਾਈਆਂ ਮਹੀਆਂ ਦੇ) ਵੱਗ ਵਿਚ ਨਹੀਂ ਰਲ ਸਕਦੇ, (ਤਿਵੇਂ) ਆਪਣੇ ਹੀ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਲਾਲਚ ਵਾਲੇ ਸੁਭਾਵ ਦੇ ਕਾਰਨ (ਗੁਰਮੁਖਾਂ ਵਿਚ) ਨਹੀਂ ਮਿਲ ਸਕਦੇ, (ਚੋਰਾਂ ਵਾਂਗ ਉਹ) ਮਨਮੁਖ ਬੰਨ੍ਹ ਕੇ ਅੱਗੇ ਲਾ ਲਏ ਜਾਂਦੇ ਹਨ।
59970	1413	ਆਪਿ ਭੁਲਾਏ ਭੁਲੀਐ ਆਪੇ ਮੇਲਿ ਮਿਲਾਇ॥		Aap Bhulaaeae Bhuleeai Aapae Mael Milaae ||	The Lord Himself misleads the misguided ones, and He Himself unites them in His Union.	(ਪਰ, ਜੀਵ ਦੇ ਕੀਹ ਵੱਸ? ਜਦੋਂ ਪਰਮਾਤਮਾ ਜੀਵ ਨੂੰ) ਆਪ ਕੁਰਾਹੇ ਪਾਂਦਾ ਹੈ (ਤਦੋਂ ਹੀ) ਕੁਰਾਹੇ ਪੈ ਜਾਈਦਾ ਹੈ, ਉਹ ਆਪ ਹੀ (ਜੀਵ ਨੂੰ ਗੁਰਮੁਖਾਂ ਦੀ) ਸੰਗਤ ਵਿਚ ਮਿਲਾਂਦਾ ਹੈ।
59971	1413	ਨਾਨਕ ਗੁਰਮੁਖਿ ਛੁਟੀਐ ਜੇ ਚਲੈ ਸਤਿਗੁਰ ਭਾਇ॥੬॥		Naanak Guramukh Shhutteeai Jae Chalai Sathigur Bhaae ||6||	O Nanak, the Gurmukhs are saved; they walk in harmony with the Will of the True Guru. ||6||	ਹੇ ਨਾਨਕ! ਜੇ ਮਨੁੱਖ ਗੁਰੂ ਦੀ ਰਜ਼ਾ ਅਨੁਸਾਰ ਜੀਵਨ-ਰਾਹ ਤੇ ਤੁਰੇ, ਤਾਂ ਗੁਰੂ ਦੀ ਸਰਨ ਪੈ ਕੇ ਹੀ (ਲਾਲਚ ਆਦਿਕ ਤੋਂ) ਖ਼ਲਾਸੀ ਹਾਸਲ ਕਰਦਾ ਹੈ ॥੬॥
59972	1413	ਸਾਲਾਹੀ ਸਾਲਾਹਣਾ ਭੀ ਸਚਾ ਸਾਲਾਹਿ॥		Saalaahee Saalaahanaa Bhee Sachaa Saalaahi ||	I praise the Praiseworthy Lord, and sing the Praises of the True Lord.	ਸਲਾਹੁਣ-ਜੋਗ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਰਹਿਣਾ ਚਾਹੀਦਾ ਹੈ। ਮੁੜ ਮੁੜ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਹੀ ਸਿਫ਼ਤ-ਸਾਲਾਹ ਕਰਦਾ ਰਿਹਾ ਕਰ।

59973	1413	ਨਾਨਕ ਸਚਾ ਏਕੁ ਦਰੁ ਬੀਭਾ ਪਰਹਰਿ ਆਹਿ॥੭॥	(ਬੀਭਾ) ਦੂਜਾ, (ਪਰਹਰਿ) ਤਿਆਗ ਕੇ	Naanak Sachaa Eaek Dhar Beebhaa Parehar Aahi ||7||	O Nanak, the One Lord alone is True; stay away from all other doors. ||7||	ਹੇ ਨਾਨਕ! ਸਿਰਫ਼ ਪਰਮਾਤਮਾ ਦਾ ਦਰਵਾਜ਼ਾ ਹੀ ਸਦਾ ਕਾਇਮ ਰਹਿਣ ਵਾਲਾ ਹੈ, (ਉਸ ਤੋਂ ਬਿਨਾ ਕੋਈ) ਦੂਜਾ (ਦਰ) ਛੱਡ ਦੇਣਾ ਚਾਹੀਦਾ ਹੈ (ਕਿਸੇ ਹੋਰ ਦੀ ਆਸ ਨਹੀਂ ਬਣਾਣੀ ਚਾਹੀਦੀ) ॥੭॥
59974	1413	ਨਾਨਕ ਜਹ ਜਹ ਮੈ ਫਿਰਉ ਤਹ ਤਹ ਸਾਚਾ ਸੋਇ॥		Naanak Jeh Jeh Mai Firo Theh Theh Saachaa Soe ||	O Nanak, wherever I go, I find the True Lord.	ਹੇ ਨਾਨਕ! ਜਿਥੇ ਜਿਥੇ ਮੈਂ ਫਿਰਦਾ ਹਾਂ, ਉਥੇ ਉਥੇ ਉਹ ਸਦਾ ਕਾਇਮ ਰਹਿਣ ਵਾਲਾ (ਪਰਮਾਤਮਾ) ਹੀ (ਮੌਜੂਦ ਹੈ)।
59975	1413	ਜਹ ਦੇਖਾ ਤਹ ਏਕੁ ਹੈ ਗੁਰਮੁਖਿ ਪਰਗਟੁ ਹੋਇ॥੮॥		Jeh Dhaekhaa Theh Eaek Hai Guramukh Paragatt Hoe ||8||	Wherever I look, I see the One Lord. He reveals Himself to the Gurmukh. ||8||	ਮੈਂ ਜਿਥੇ (ਭੀ) ਵੇਖਦਾ ਹਾਂ, ਉਥੇ ਸਿਰਫ਼ ਪਰਮਾਤਮਾ ਹੀ ਹੈ, ਪਰ ਗੁਰੂ ਦੀ ਸਰਨ ਪਿਆਂ ਹੀ ਇਹ ਸਮਝ ਆਉਂਦੀ ਹੈ ॥੮॥
59976	1413	ਦੂਖ ਵਿਸਾਰਣੁ ਸਬਦੁ ਹੈ ਜੇ ਮੰਨਿ ਵਸਾਏ ਕੋਇ॥		Dhookh Visaaran Sabadh Hai Jae Mann Vasaaeae Koe ||	The Word of the Shabad is the Dispeller of sorrow, if one enshrines it in the mind.	ਗੁਰੂ ਦਾ ਸ਼ਬਦ (ਮਨੁੱਖ ਦੇ ਅੰਦਰੋਂ ਸਾਰੇ) ਦੁੱਖਾਂ ਦਾ ਨਾਸ ਕਰ ਸਕਣ ਵਾਲਾ ਹੈ (ਪਰ ਇਹ ਤਦੋਂ ਹੀ ਨਿਸ਼ਚਾ ਬਣਦਾ ਹੈ) ਜੇ ਕੋਈ ਮਨੁੱਖ (ਆਪਣੇ) ਮਨ ਵਿਚ (ਗੁਰ-ਸ਼ਬਦ ਨੂੰ) ਵਸਾ ਲਏ।

59977	1413	ਗੁਰ ਕਿਰਪਾ ਤੇ ਮਨਿ ਵਸੈ ਕਰਮ ਪਰਾਪਤਿ ਹੋਇ॥੯॥		Gur Kirapaa Thae Man Vasai Karam Paraapath Hoe ||9||	By Guru's Grace, it dwells in the mind; by God's Mercy, it is obtained. ||9||	ਗੁਰੂ ਦੀ ਕਿਰਪਾ ਨਾਲ ਹੀ (ਗੁਰੂ ਦਾ ਸ਼ਬਦ ਮਨੁੱਖ ਦੇ) ਮਨ ਵਿਚ ਵੱਸਦਾ ਹੈ, ਗੁਰ-ਸ਼ਬਦ ਦੀ ਪ੍ਰਾਪਤੀ ਭਾਗਾਂ ਨਾਲ ਹੀ ਹੁੰਦੀ ਹੈ ॥੯॥
59978	1413	ਨਾਨਕ ਹਉ ਹਉ ਕਰਤੇ ਖਪਿ ਮੁਏ ਖੂਹਣਿ ਲਖ ਅਸੰਖ॥	ਅ-ਸੰਖ	Naanak Ho Ho Karathae Khap Mueae Khoohan Lakh Asankh ||	O Nanak, acting in egotism, countless thousands have wasted away to death.	ਹੇ ਨਾਨਕ! (ਦੁਨੀਆ ਵਿਚ) ਲੱਖਾਂ ਹੀ ਜੀਵ, ਅਣਗਿਣਤ ਜੀਵ, ਬੇਅੰਤ ਜੀਵ 'ਮੈਂ (ਵੱਡਾ)' ਮੈਂ (ਵੱਡਾ)-ਇਹ ਆਖਦੇ ਆਖਦੇ ਦੁਖੀ ਹੋ ਹੋ ਕੇ ਆਤਮਕ ਮੌਤੇ ਮਰਦੇ ਰਹੇ।
59979	1413	ਸਤਿਗੁਰ ਮਿਲੇ ਸੁ ਉਬਰੇ ਸਾਚੈ ਸਬਦਿ ਅਲੰਖ॥੧੦॥	ਅ-ਲੰਖ	Sathigur Milae S Oubarae Saachai Sabadh Alankh ||10||	Those who meet with the True Guru are saved, through the Shabad, the True Word of the Inscrutable Lord. ||10||	ਜਿਹੜੇ ਮਨੁੱਖ ਗੁਰੂ ਨੂੰ ਮਿਲ ਪਏ, ਗੁਰੂ ਦੇ ਸੱਚੇ ਸ਼ਬਦ ਦੀ ਬਰਕਤਿ ਨਾਲ ਅਲੱਖ ਪ੍ਰਭੂ ਨੂੰ ਮਿਲ ਪਏ, ਉਹ ਇਸ 'ਹਉ ਹਉ' ਤੋਂ ਬਚਦੇ ਰਹੇ ॥੧੦॥
59980	1413	ਜਿਨਾ ਸਤਿਗੁਰੁ ਇਕ ਮਨਿ ਸੇਵਿਆ ਤਿਨ ਜਨ ਲਾਗਉ ਪਾਇ॥		Jinaa Sathigur Eik Man Saeviaa Thin Jan Laago Paae ||	Those who serve the True Guru single-mindedly - I fall at the feet of those humble beings.	ਮੈਂ ਉਹਨਾਂ (ਵਡਭਾਗੀ) ਮਨੁੱਖਾਂ ਦੀ ਚਰਨੀਂ ਲੱਗਦਾ ਹਾਂ ਜਿਨ੍ਹਾਂ ਪੂਰੀ ਸਰਧਾ ਨਾਲ ਗੁਰੂ ਨੂੰ ਸੇਵਿਆ ਹੈ (ਗੁਰੂ ਦਾ ਪੱਲਾ ਫੜਿਆ ਹੈ)।

59981	1413	ਗੁਰ ਸਬਦੀ ਹਰਿ ਮਨਿ ਵਸੈ ਮਾਇਆ ਕੀ ਭੁਖ ਜਾਇ॥		Gur Sabadhee Har Man Vasai Maaeiaa Kee Bhukh Jaae ||	Through the Word of the Guru's Shabad, the Lord abides in the mind, and the hunger for Maya departs.	ਗੁਰੂ ਦੇ ਸ਼ਬਦ ਦੀ ਰਾਹੀਂ ਹੀ ਪਰਮਾਤਮਾ (ਮਨੁੱਖ ਦੇ) ਮਨ ਵਿਚ ਵੱਸਦਾ ਹੈ (ਅਤੇ ਮਨੁੱਖ ਦੇ ਅੰਦਰ) ਮਾਇਆ ਦਾ ਲਾਲਚ ਦੂਰ ਹੁੰਦਾ ਹੈ।
59982	1413	ਸੇ ਜਨ ਨਿਰਮਲ ਊਜਲੇ ਜਿ ਗੁਰਮੁਖਿ ਨਾਮਿ ਸਮਾਇ॥		Sae Jan Niramal Oojalae J Guramukh Naam Samaae ||	Immaculate and pure are those humble beings, who, as Gurmukh, merge in the Naam.	ਜਿਹੜਾ ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਪਰਮਾਤਮਾ ਦੇ) ਨਾਮ ਵਿਚ ਜੁੜਦਾ ਹੈ ਉਹ ਸਾਰੇ ਮਨੁੱਖ ਪਵਿੱਤਰ ਜੀਵਨ ਵਾਲੇ ਚਮਕਦੇ ਜੀਵਨ ਵਾਲੇ ਹੋ ਜਾਂਦੇ ਹਨ।
59983	1413	ਨਾਨਕ ਹੋਰਿ ਪਤਿਸਾਹੀਆ ਕੂੜੀਆ ਨਾਮਿ ਰਤੇ ਪਾਤਸਾਹ॥੧੧॥		Naanak Hor Pathisaaheeaa Koorreeaa Naam Rathae Paathisaah ||11||	O Nanak, other empires are false; they alone are true emperors, who are imbued with the Naam. ||11||	ਹੇ ਨਾਨਕ! (ਦੁਨੀਆ ਦੀਆਂ) ਹੋਰ (ਸਾਰੀਆਂ) ਪਾਤਿਸ਼ਾਹੀਆਂ ਨਾਸਵੰਤ ਹਨ। ਅਸਲ ਪਾਤਿਸ਼ਾਹ ਉਹ ਹਨ, ਜੋ ਪਰਮਾਤਮਾ ਦੇ ਨਾਮ ਵਿਚ ਰੰਗੇ ਰਹਿੰਦੇ ਹਨ ॥੧੧॥
59984	1413	ਜਿਉ ਪੁਰਖੈ ਘਰਿ ਭਗਤੀ ਨਾਰਿ ਹੈ ਅਤਿ ਲੋਚੈ ਭਗਤੀ ਭਾਇ॥		Jio Purakhai Ghar Bhagathee Naar Hai Ath Lochai Bhagathee Bhaae ||	The devoted wife in her husband's home has a great longing to perform loving devotional service to him;	ਜਿਵੇਂ (ਕਿਸੇ) ਮਨੁੱਖ ਦੇ ਘਰ ਵਿਚ (ਉਸ ਦੀ) ਪਤਿਬ੍ਰਤਾ ਇਸਤ੍ਰੀ ਹੈ ਜੋ ਪਿਆਰ-ਭਾਵਨਾ ਨਾਲ (ਆਪਣੇ ਪਤੀ ਦੀ ਸੇਵਾ ਕਰਨ ਦੀ) ਬਹੁਤ ਤਾਂਘ ਕਰਦੀ ਹੈ,

59985	1413	ਬਹੁ ਰਸ ਸਾਲਣੇ ਸਵਾਰਦੀ ਖਟ ਰਸ ਮੀਠੇ ਪਾਇ॥		Bahu Ras Saalanae Savaaradhee Khatt Ras Meethae Paae ||	She prepares and offers to him all sorts of sweet delicacies and dishes of all flavors.	ਖੱਟੇ ਤੇ ਮਿੱਠੇ ਰਸ ਪਾ ਕੇ ਕਈ ਸਵਾਦਲੀਆਂ ਭਾਜੀਆਂ (ਪਤੀ ਵਾਸਤੇ) ਬਣਾਂਦੀ ਰਹਿੰਦੀ ਹੈ;
59986	1413	ਤਿਉ ਬਾਣੀ ਭਗਤ ਸਲਾਹਦੇ ਹਰਿ ਨਾਮੈ ਚਿਤੁ ਲਾਇ॥		Thio Baanee Bhagath Salaahadhae Har Naamai Chith Laae ||	In the same way, the devotees praise the Word of the Guru's Bani, and focus their consciousness on the Lord's Name.	ਇਸੇ ਤਰ੍ਹਾਂ ਪਰਮਾਤਮਾ ਦੇ ਭਗਤ ਪਰਮਾਤਮਾ ਦੇ ਨਾਮ ਵਿਚ ਚਿੱਤ ਜੋੜ ਕੇ ਸਤਿਗੁਰੂ ਦੀ ਬਾਣੀ ਦੀ ਰਾਹੀਂ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਰਹਿੰਦੇ ਹਨ।
59987	1413	ਮਨੁ ਤਨੁ ਧਨੁ ਆਗੈ ਰਾਖਿਆ ਸਿਰੁ ਵੇਚਿਆ ਗੁਰ ਆਗੈ ਜਾਇ॥		Man Than Dhhan Aagai Raakhiaa Sir Vaechiaa Gur Aagai Jaae ||	They place mind, body and wealth in offering before the Guru, and sell their heads to Him.	ਉਹਨਾਂ ਭਗਤਾਂ ਨੇ ਆਪਣਾ ਮਨ ਆਪਣਾ ਤਨ ਆਪਣਾ ਧਨ (ਸਭ ਕੁਝ) ਗੁਰੂ ਦੇ ਅੱਗੇ ਲਿਆ ਰੱਖਿਆ ਹੁੰਦਾ ਹੈ, ਉਹਨਾਂ ਨੇ ਆਪਣਾ ਸਿਰ ਗੁਰੂ ਅੱਗੇ ਵੇਚ ਦਿੱਤਾ ਹੁੰਦਾ ਹੈ।
59988	1413	ਭੈ ਭਗਤੀ ਭਗਤ ਬਹੁ ਲੋਚਦੇ ਪ੍ਰਭ ਲੋਚਾ ਪੂਰਿ ਮਿਲਾਇ॥		Bhai Bhagathee Bhagath Bahu Lochadhae Prabh Lochaa Poor Milaae ||	In the Fear of God, His devotees yearn for His devotional worship; God fulfills their desires, and merges them with Himself.	ਪਰਮਾਤਮਾ ਦੇ ਅਦਬ ਵਿਚ ਟਿਕ ਕੇ ਪਰਮਾਤਮਾ ਦੇ ਭਗਤ ਉਸ ਦੀ ਭਗਤੀ ਦੀ ਬਹੁਤ ਤਾਂਘ ਰੱਖਦੇ ਹਨ, ਪ੍ਰਭੂ (ਉਹਨਾਂ ਦੀ) ਤਾਂਘ ਪੂਰੀ ਕਰ ਕੇ (ਉਹਨਾਂ ਨੂੰ ਆਪਣੇ ਨਾਲ) ਮਿਲਾ ਲੈਂਦਾ ਹੈ।

59989	1414	ਹਰਿ ਪ੍ਰਭੁ ਵੇਪਰਵਾਹੁ ਹੈ ਕਿਤੁ ਖਾਧੈ ਤਿਪਤਾਇ॥		Har Prabh Vaeparavaahu Hai Kith Khaadhhai Thipathaae ||	My Lord God is Self-existent and Independent. What does He need to eat to be satisfied?	ਪਰਮਾਤਮਾ ਨੂੰ ਤਾਂ ਕਿਸੇ ਚੀਜ਼ ਦੀ ਕੋਈ ਮੁਥਾਜੀ-ਲੋੜ ਨਹੀਂ ਹੈ, ਫਿਰ ਉਹ ਕਿਹੜੀ ਚੀਜ਼ ਖਾਣ ਨਾਲ ਖ਼ੁਸ਼ ਹੁੰਦਾ ਹੈ?
59990	1414	ਸਤਿਗੁਰ ਕੈ ਭਾਣੈ ਜੋ ਚਲੈ ਤਿਪਤਾਸੈ ਹਰਿ ਗੁਣ ਗਾਇ॥		Sathigur Kai Bhaanai Jo Chalai Thipathaasai Har Gun Gaae ||	Whoever walks in harmony with the Will of the True Guru, and sings the Glorious Praises of the Lord, is pleasing to Him.	ਜਿਹੜਾ ਮਨੁੱਖ ਗੁਰੂ ਦੀ ਰਜ਼ਾ ਵਿਚ ਜੀਵਨ-ਤੋਰ ਤੁਰਦਾ ਹੈ ਅਤੇ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, (ਉਸ ਉਤੇ ਪਰਮਾਤਮਾ) ਪ੍ਰਸੰਨ ਹੁੰਦਾ ਹੈ।
59991	1414	ਧਨੁ ਧਨੁ ਕਲਜੁਗਿ ਨਾਨਕਾ ਜਿ ਚਲੇ ਸਤਿਗੁਰ ਭਾਇ॥੧੨॥		Dhhan Dhhan Kalajug Naanakaa J Chalae Sathigur Bhaae ||12||	Blessed, blessed are they, in this Dark Age of Kali Yuga, O Nanak, who walk in harmony with the Will of the True Guru. ||12||	ਹੇ ਨਾਨਕ! ਇਸ ਵਿਕਾਰਾਂ-ਭਰੇ ਸੰਸਾਰ ਵਿਚ ਉਹ ਮਨੁੱਖ ਸੋਭਾ ਖੱਟਦੇ ਹਨ ਜਿਹੜੇ ਗੁਰੂ ਦੀ ਮਰਜ਼ੀ ਅਨੁਸਾਰ ਜੀਵਨ-ਰਾਹ ਤੇ ਤੁਰਦੇ ਹਨ ॥੧੨॥
59992	1414	ਸਤਿਗੁਰੂ ਨ ਸੇਵਿਓ ਸਬਦੁ ਨ ਰਖਿਓ ਉਰ ਧਾਰਿ॥		Sathiguroo N Saeviou Sabadh N Rakhiou Our Dhhaar ||	Those who do not serve the True Guru, and do not keep the Shabad enshrined in their hearts	(ਜਿਨ੍ਹਾਂ ਮਨੁੱਖਾਂ ਨੇ ਕਦੇ) ਗੁਰੂ ਦਾ ਆਸਰਾ ਨਹੀਂ ਲਿਆ, ਜਿਨ੍ਹਾਂ ਨੇ ਗੁਰੂ ਦਾ ਸ਼ਬਦ (ਕਦੇ ਆਪਣੇ) ਹਿਰਦੇ ਵਿਚ ਟਿਕਾ ਕੇ ਨਹੀਂ ਰੱਖਿਆ,

59993	1414	ਧਿਗੁ ਤਿਨਾ ਕਾ ਜੀਵਿਆ ਕਿਤੁ ਆਏ ਸੰਸਾਰਿ॥		Dhhig Thinaa Kaa Jeeviaa Kith Aaeae Sansaar ||	Cursed are their lives. Why did they even come into the world?	ਉਹ ਕਾਹਦੇ ਲਈ ਜਗਤ ਵਿਚ ਆਏ? ਉਹਨਾਂ ਦਾ ਜੀਵਨ-ਸਮਾ ਫਿਟਕਾਰ-ਜੋਗ ਹੀ ਰਹਿੰਦਾ ਹੈ (ਉਹ ਸਾਰੀ ਉਮਰ ਉਹੋ ਜਿਹੇ ਕੰਮ ਹੀ ਕਰਦੇ ਰਹਿੰਦੇ ਹਨ, ਜਿਨ੍ਹਾਂ ਤੋਂ ਜਗਤ ਵਿਚ ਉਹਨਾਂ ਨੂੰ ਫਿਟਕਾਰਾਂ ਹੀ ਪੈਂਦੀਆਂ ਹਨ)।
59994	1414	ਗੁਰਮਤੀ ਭਉ ਮਨਿ ਪਵੈ ਤਾਂ ਹਰਿ ਰਸਿ ਲਗੈ ਪਿਆਰਿ॥		Guramathee Bho Man Pavai Thaan Har Ras Lagai Piaar ||	If one follows the Guru's Teachings, and keeps the Fear of God in his mind, then he is lovingly attuned to the sublime essence of the Lord.	ਜਦੋਂ ਗੁਰੂ ਦੀ ਮੱਤ ਉਤੇ ਤੁਰ ਕੇ (ਮਨੁੱਖ ਦੇ) ਮਨ ਵਿਚ (ਪਰਮਾਤਮਾ ਦਾ) ਡਰ-ਅਦਬ ਟਿਕਦਾ ਹੈ, ਤਦੋਂ ਉਹ ਪਰਮਾਤਮਾ ਦੇ ਪਿਆਰ ਵਿਚ ਪਰਮਾਤਮਾ ਦੇ ਮੇਲ-ਆਨੰਦ ਵਿਚ ਜੁੜਦਾ ਹੈ।
59995	1414	ਨਾਉ ਮਿਲੈ ਧੁਰਿ ਲਿਖਿਆ ਜਨ ਨਾਨਕ ਪਾਰਿ ਉਤਾਰਿ॥੧੩॥		Naao Milai Dhhur Likhiaa Jan Naanak Paar Outhaar ||13||	By his primal destiny, he obtains the Name; O Nanak, he is carried across. ||13||	ਪਰ; ਹੇ ਨਾਨਕ! ਹਰਿ-ਨਾਮ ਧੁਰ ਦਰਗਾਹ ਤੋਂ ਕੀਤੇ ਕਰਮਾਂ ਦੇ ਸੰਸਕਾਰਾਂ ਦੇ ਲੇਖ ਅਨੁਸਾਰ ਹੀ ਮਿਲਦਾ ਹੈ, ਤੇ, ਇਹ ਨਾਮ (ਮਨੁੱਖ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ ॥੧੩॥
59996	1414	ਮਾਇਆ ਮੋਹਿ ਜਗੁ ਭਰਮਿਆ ਘਰੁ ਮੁਸੈ ਖਬਰਿ ਨ ਹੋਇ॥	ਮੁੱਸੈ	Maaeiaa Mohi Jag Bharamiaa Ghar Musai Khabar N Hoe ||	The world wanders lost in emotional attachment to Maya; it does not realize that its own home is being plundered.	ਮਾਇਆ ਦੇ ਮੋਹ ਦੇ ਕਾਰਨ ਜਗਤ ਭਟਕਦਾ ਫਿਰਦਾ ਹੈ, (ਜੀਵ ਦਾ ਹਿਰਦਾ-) ਘਰ (ਆਤਮਕ ਸਰਮਾਇਆ) ਲੁੱਟਿਆ ਜਾਂਦਾ ਹੈ (ਪਰ ਜੀਵ ਨੂੰ) ਇਹ ਪਤਾ ਹੀ ਨਹੀਂ ਲੱਗਦਾ।

59997	1414	ਕਾਮ ਕ੍ਰੋਧਿ ਮਨੁ ਹਿਰਿ ਲਇਆ ਮਨਮੁਖ ਅੰਧਾ ਲੋਇ॥		Kaam Krodhh Man Hir Laeiaa Manamukh Andhhaa Loe ||	The self-willed manmukh is blind in the world; his mind is lured away by sexual desire and anger.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਜਗਤ ਵਿਚ (ਆਤਮਕ ਜੀਵਨ ਦੀ ਸੂਝ ਵਲੋਂ) ਅੰਨ੍ਹਾ ਹੋਇਆ ਰਹਿੰਦਾ ਹੈ, ਕਾਮ ਨੇ ਕ੍ਰੋਧ ਨੇ (ਉਸ ਦੇ) ਮਨ ਨੂੰ ਚੁਰਾ ਲਿਆ ਹੁੰਦਾ ਹੈ।
59998	1414	ਗਿਆਨ ਖੜਗ ਪੰਚ ਦੂਤ ਸੰਘਾਰੇ ਗੁਰਮਤਿ ਜਾਗੈ ਸੋਇ॥		Giaan Kharrag Panch Dhooth Sanghaarae Guramath Jaagai Soe ||	With the sword of spiritual wisdom, kill the five demons. Remain awake and aware to the Guru's Teachings.	(ਜਿਹੜਾ ਮਨੁੱਖ) ਆਤਮਕ ਜੀਵਨ ਦੀ ਸੂਝ ਦੀ ਤਲਵਾਰ (ਫੜ ਕੇ ਕਾਮਾਦਿਕ) ਪੰਜ ਵੈਰੀਆਂ ਨੂੰ ਮਾਰ ਲੈਂਦਾ ਹੈ, ਉਹ ਹੀ ਗੁਰੂ ਦੀ ਮੱਤ ਦੀ ਬਰਕਤਿ ਨਾਲ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ।
59999	1414	ਨਾਮ ਰਤਨੁ ਪਰਗਾਸਿਆ ਮਨੁ ਤਨੁ ਨਿਰਮਲੁ ਹੋਇ॥		Naam Rathan Paragaasiaa Man Than Niramal Hoe ||	The Jewel of the Naam is revealed, and the mind and body are purified.	(ਉਸ ਦੇ ਅੰਦਰ) ਪਰਮਾਤਮਾ ਦੇ ਨਾਮ ਦਾ ਰਤਨ ਚਮਕ ਪੈਂਦਾ ਹੈ, ਉਸ ਦਾ ਮਨ ਉਸ ਦਾ ਤਨ ਪਵਿੱਤਰ ਹੋ ਜਾਂਦਾ ਹੈ।
60000	1414	ਨਾਮ ਹੀਨ ਨਕਟੇ ਫਿਰਹਿ ਬਿਨੁ ਨਾਵੈ ਬਹਿ ਰੋਇ॥		Naameheen Nakattae Firehi Bin Naavai Behi Roe ||	Those who lack the Naam wander around lost, with their noses cut off; without the Name, they sit and cry.	ਪਰ, ਨਾਮ ਤੋਂ ਵਾਂਜੇ ਹੋਏ ਮਨੁੱਖ ਬੇ-ਸ਼ਰਮਾਂ ਵਾਂਗ ਤੁਰੇ ਫਿਰਦੇ ਹਨ। ਨਾਮ ਤੋਂ ਵਾਂਜਿਆ ਹੋਇਆ ਮਨੁੱਖ ਬਹਿ ਕੇ ਰੋਂਦਾ ਰਹਿੰਦਾ ਹੈ (ਸਦਾ ਦੁਖੀ ਰਹਿੰਦਾ ਹੈ)।

60001	1414	ਨਾਨਕ ਜੋ ਧੁਰਿ ਕਰਤੈ ਲਿਖਿਆ ਸੁ ਮੇਟਿ ਨ ਸਕੈ ਕੋਇ॥੧੪॥		Naanak Jo Dhhur Karathai Likhiaa S Maett N Sakai Koe ||14||	O Nanak, no one can erase that which is pre-ordained by the Creator Lord. ||14||	ਹੇ ਨਾਨਕ! (ਕਰਤਾਰ ਦੀ ਰਜ਼ਾ ਇਉਂ ਹੀ ਹੈ ਕਿ ਨਾਮ-ਹੀਨ ਪ੍ਰਾਣੀ ਦੁਖੀ ਰਹੇ, ਸੋ) ਕਰਤਾਰ ਨੇ ਜੋ ਕੁਝ ਧੁਰ ਦਰਗਾਹ ਤੋਂ ਇਹ ਲੇਖ ਲਿਖ ਦਿੱਤਾ ਹੈ, ਇਸ ਨੂੰ ਕੋਈ ਮਿਟਾ ਨਹੀਂ ਸਕਦਾ (ਉਲਟਾ ਨਹੀਂ ਸਕਦਾ) ॥੧੪॥
60002	1414	ਗੁਰਮੁਖਾ ਹਰਿ ਧਨੁ ਖਟਿਆ ਗੁਰ ਕੈ ਸਬਦਿ ਵੀਚਾਰਿ॥		Guramukhaa Har Dhhan Khattiaa Gur Kai Sabadh Veechaar ||	The Gurmukhs earn the wealth of the Lord, contemplating the Word of the Guru's Shabad.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਹਰਿ-ਨਾਮ ਨੂੰ) ਆਪਣੇ ਮਨ ਵਿਚ ਵਸਾ ਕੇ ਪਰਮਾਤਮਾ ਦਾ ਨਾਮ-ਧਨ ਖੱਟ ਲਿਆ ਹੈ।
60003	1414	ਨਾਮੁ ਪਦਾਰਥੁ ਪਾਇਆ ਅਤੁਟ ਭਰੇ ਭੰਡਾਰ॥		Naam Padhaarathh Paaeiaa Athutt Bharae Bhanddaar ||	They receive the wealth of the Naam; their treasures are overflowing.	ਗੁਰਮੁਖਾਂ ਨੇ ਕੀਮਤੀ ਨਾਮ-ਧਨ ਲੱਭ ਲਿਆ ਹੈ (ਉਹਨਾਂ ਦੇ ਅੰਦਰ ਹਰਿ-ਨਾਮ-ਧਨ ਦੇ) ਅਮੁੱਕ ਖ਼ਜ਼ਾਨੇ ਭਰੇ ਰਹਿੰਦੇ ਹਨ।
60004	1414	ਹਰਿ ਗੁਣ ਬਾਣੀ ਉਚਰਹਿ ਅੰਤੁ ਨ ਪਾਰਾਵਾਰੁ॥		Har Gun Baanee Oucharehi Anth N Paaraavaar ||	Through the Word of the Guru's Bani, they utter the Glorious Praises of the Lord, whose end and limitations cannot be found.	ਜਿਸ ਪਰਮਾਤਮਾ (ਦੇ ਗੁਣਾਂ) ਦਾ ਅੰਤ ਨਹੀਂ ਪੈ ਸਕਦਾ, ਜਿਸ ਪਰਮਾਤਮਾ (ਦੀ ਹਸਤੀ) ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ, ਉਸ ਪਰਮਾਤਮਾ ਦੇ ਗੁਣਾਂ ਨੂੰ (ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਗੁਰੂ ਦੀ) ਬਾਣੀ ਦੀ ਰਾਹੀਂ ਉਚਾਰਦੇ ਰਹਿੰਦੇ ਹਨ।

60005	1414	ਨਾਨਕ ਸਭ ਕਾਰਣ ਕਰਤਾ ਕਰੈ ਵੇਖੈ ਸਿਰਜਨਹਾਰੁ ॥੧੫॥		Naanak Sabh Kaaran Karathaa Karai Vaekhai Sirajanehaar ||15||	O Nanak, the Creator is the Doer of all; the Creator Lord beholds all. ||15||	ਪਰ, ਹੇ ਨਾਨਕ! ਇਹ ਸਾਰੇ ਢੋਅ ਕਰਤਾਰ (ਆਪ ਹੀ) ਢੁਕਾਂਦਾ ਹੈ, (ਇਸ ਖੇਡ ਨੂੰ) ਸਿਰਜਣਹਾਰ (ਆਪ) ਵੇਖ ਰਿਹਾ ਹੈ ॥੧੫॥
60006	1414	ਗੁਰਮੁਖਿ ਅੰਤਰਿ ਸਹਜੁ ਹੈ ਮਨੁ ਚੜਿਆ ਦਸਵੈ ਆਕਾਸਿ॥	ਚੜ੍ਹਿਆ	Guramukh Anthar Sehaj Hai Man Charriaa Dhasavai Aakaas ||	Within the Gurmukh is intuitive peace and poise; his mind ascends to the Tenth Plane of the Akaashic Ethers.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦੇ ਅੰਦਰ ਆਤਮਕ ਅਡੋਲਤਾ ਬਣੀ ਰਹਿੰਦੀ ਹੈ, ਉਸ ਦਾ ਮਨ (ਉਸ) ਦਸਵੇਂ ਦੁਆਰ ਵਿਚ ਟਿਕਿਆ ਰਹਿੰਦਾ ਹੈ (ਜਿਥੇ ਸਰੀਰ ਉਤੇ ਨੌ ਗੋਲਕਾਂ ਦਾ ਪ੍ਰਭਾਵ ਨਹੀਂ ਪੈ ਸਕਦਾ)।
60007	1414	ਤਿਥੈ ਊਂਘ ਨ ਭੁਖ ਹੈ ਹਰਿ ਅੰਮ੍ਰਿਤ ਨਾਮੁ ਸੁਖਵਾਸੁ॥		Thithhai Oonagh N Bhukh Hai Har Anmrith Naam Sukh Vaas ||	No one is sleepy or hungry there; they dwell in the peace of the Ambrosial Name of the Lord.	ਉਸ ਅਵਸਥਾ ਵਿਚ (ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਨੂੰ ਮਾਇਆ ਦੇ ਮੋਹ ਦੀ ਨੀਂਦ ਨਹੀਂ ਆਉਂਦੀ, ਮਾਇਆ ਦੀ ਭੁੱਖ ਨਹੀਂ (ਸਤਾਂਦੀ)। (ਉਸ ਅਵਸਥਾ ਵਿਚ ਗੁਰਮੁਖ ਦੇ ਅੰਦਰ) ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਟਿਕਿਆ ਰਹਿੰਦਾ ਹੈ। ਆਤਮਕ ਆਨੰਦ ਬਣਿਆ ਰਹਿੰਦਾ ਹੈ।

60008	1414	ਨਾਨਕ ਦੁਖੁ ਸੁਖੁ ਵਿਆਪਤ ਨਹੀ ਜਿਥੈ ਆਤਮ ਰਾਮ ਪ੍ਰਗਾਸੁ॥੧੬॥		Naanak Dhukh Sukh Viaapath Nehee Jithhai Aatham Raam Pragaas ||16||	O Nanak, pain and pleasure do not afflict anyone, where the Light of the Lord, the Supreme Soul, illuminates. ||16||	ਹੇ ਨਾਨਕ! ਜਿਸ ਹਿਰਦੇ ਵਿਚ ਸਰਬ-ਵਿਆਪਕ ਪਰਮਾਤਮਾ ਦਾ ਪ੍ਰਕਾਸ਼ ਹੋ ਜਾਂਦਾ ਹੈ, ਉਥੇ ਨਾਹ ਦੁੱਖ ਨਾਹ ਸੁਖ (ਕੋਈ ਭੀ ਆਪਣਾ) ਜ਼ੋਰ ਨਹੀਂ ਪਾ ਸਕਦਾ ॥੧੬॥
60009	1414	ਕਾਮ ਕ੍ਰੋਧ ਕਾ ਚੋਲੜਾ ਸਭ ਗਲਿ ਆਏ ਪਾਇ॥		Kaam Krodhh Kaa Cholarraa Sabh Gal Aaeae Paae ||	All have come, wearing the robes of sexual desire and anger.	ਸਾਰੇ ਜੀਵ ਕਾਮ ਕ੍ਰੋਧ (ਆਦਿਕ ਵਿਕਾਰਾਂ) ਦੇ ਰੰਗ ਵਿਚ ਰੰਗਿਆ ਜਾ ਸਕਣ ਵਾਲਾ ਸਰੀਰ-ਚੋਲਾ ਪਹਿਨ ਕੇ (ਜਗਤ ਵਿਚ) ਆਉਂਦੇ ਹਨ;
60010	1414	ਇਕਿ ਉਪਜਹਿ ਇਕਿ ਬਿਨਸਿ ਜਾਂਹਿ ਹੁਕਮੇ ਆਵੈ ਜਾਇ॥		Eik Oupajehi Eik Binas Jaanhi Hukamae Aavai Jaae ||	Some are born, and some pass away. They come and go according to the Hukam of the Lord's Command.	ਕਈ ਜੰਮਦੇ ਹਨ ਕਈ ਮਰਦੇ ਹਨ, (ਸਾਰੀ ਲੁਕਾਈ ਪਰਮਾਤਮਾ ਦੇ) ਹੁਕਮ ਵਿਚ ਹੀ ਜਨਮ ਮਰਨ ਦੇ ਗੇੜ ਵਿਚ ਪਈ ਹੋਈ ਹੈ।
60011	1414	ਜੰਮਣੁ ਮਰਣੁ ਨ ਚੁਕਈ ਰੰਗੁ ਲਗਾ ਦੂਜੈ ਭਾਇ॥		Janman Maran N Chukee Rang Lagaa Dhoojai Bhaae ||	Their comings and goings in reincarnation do not end; they are imbued with the love of duality.	(ਜਿਤਨਾ ਚਿਰ ਜੀਵ ਦੀ) ਮਾਇਆ ਦੇ ਮੋਹ ਵਿਚ ਪ੍ਰੀਤ ਲੱਗੀ ਹੋਈ ਹੈ (ਉਤਨਾ ਚਿਰ ਇਸ ਦਾ) ਜਨਮ ਮਰਨ ਦਾ ਗੇੜ ਮੁੱਕਦਾ ਨਹੀਂ।

60012	1414	ਬੰਧਨਿ ਬੰਧਿ ਭਵਾਈਅਨੁ ਕਰਣਾ ਕਛੂ ਨ ਜਾਇ॥੧੭॥	ਭਵਾਈ-ਅਨੁ	Bandhhan Bandhh Bhavaaeean Karanaa Kashhoo N Jaae ||17||	Bound in bondage, they are made to wander, and they cannot do anything about it. ||17||	ਪਰਮਾਤਮਾ ਨੇ (ਆਪ ਹੀ ਮੋਹ ਦੀ) ਰੱਸੀ ਨਾਲ ਬੰਨ੍ਹ ਕੇ (ਸਾਰੀ ਲੁਕਾਈ ਜਨਮ ਮਰਨ ਦੇ ਗੇੜ ਵਿਚ) ਪਾਈ ਹੋਈ ਹੈ। (ਇਸ ਵਿਚੋਂ ਨਿਕਲਣ ਲਈ ਉਸ ਦੀ ਮਿਹਰ ਤੋਂ ਬਿਨਾ ਹੋਰ) ਕੋਈ ਉਪਾਉ ਕੀਤਾ ਨਹੀਂ ਜਾ ਸਕਦਾ ॥੧੭॥
60013	1414	ਜਿਨ ਕਉ ਕਿਰਪਾ ਧਾਰੀਅਨੁ ਤਿਨਾ ਸਤਿਗੁਰੁ ਮਿਲਿਆ ਆਇ॥	ਧਾਰੀ-ਅਨੁ	Jin Ko Kirapaa Dhhaareean Thinaa Sathigur Miliaa Aae ||	Those, upon whom the Lord showers His Mercy, come and meet the True Guru.	ਜਿਨ੍ਹਾਂ (ਮਨੁੱਖਾਂ) ਉੱਤੇ ਉਸ (ਪਰਮਾਤਮਾ) ਨੇ ਮਿਹਰ ਕਰ ਦਿੱਤੀ, ਉਹਨਾਂ ਨੂੰ ਗੁਰੂ ਆ ਕੇ ਮਿਲ ਪਿਆ।
60014	1414	ਸਤਿਗੁਰਿ ਮਿਲੇ ਉਲਟੀ ਭਈ ਮਰਿ ਜੀਵਿਆ ਸਹਜਿ ਸੁਭਾਇ॥		Sathigur Milae Oulattee Bhee Mar Jeeviaa Sehaj Subhaae ||	Meeting with the True Guru, they turn away from the world; they remain dead while still alive, with intuitive peace and poise.	ਗੁਰੂ ਮਿਲਣ ਨਾਲ (ਜਿਸ ਮਨੁੱਖ ਦੀ ਸੁਰਤ ਕਾਮ ਕ੍ਰੋਧ ਆਦਿਕ ਵਿਕਾਰਾਂ ਵਲੋਂ) ਪਰਤ ਪਈ, ਉਹ ਮਨੁੱਖ (ਵਿਕਾਰਾਂ ਵਲੋਂ) ਮਰ ਕੇ ਆਤਮਕ ਅਡੋਲਤਾ ਵਿਚ ਪ੍ਰਭੂ-ਪ੍ਰੇਮ ਵਿਚ ਜੀਊ ਪਿਆ (ਆਤਮਕ ਜੀਵਨ ਜੀਊਣ ਲੱਗ ਪਿਆ)।
60015	1414	ਨਾਨਕ ਭਗਤੀ ਰਤਿਆ ਹਰਿ ਹਰਿ ਨਾਮਿ ਸਮਾਇ॥੧੮॥		Naanak Bhagathee Rathiaa Har Har Naam Samaae ||18||	O Nanak, the devotees are imbued with the Lord; they are absorbed in the Name of the Lord. ||18||	ਹੇ ਨਾਨਕ! (ਪਰਮਾਤਮਾ ਦੀ) ਭਗਤੀ ਦੇ ਰੰਗ ਵਿਚ ਰੰਗੀਜਿਆਂ ਮਨੁੱਖ ਸਦਾ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ ॥੧੮॥

60016	1414	ਮਨਮੁਖ ਚੰਚਲ ਮਤਿ ਹੈ ਅੰਤਰਿ ਬਹੁਤੁ ਚਤੁਰਾਈ॥		Manamukh Chanchal Math Hai Anthar Bahuth Chathuraaee ||	The intellect of the self-willed manmukh is fickle; he is very tricky and clever within.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਦੀ ਮੱਤ ਹਰ ਵੇਲੇ ਭਟਕਦੀ ਰਹਿੰਦੀ ਹੈ, ਉਹਨਾਂ ਦੇ ਅੰਦਰ (ਆਪਣੀ ਮੱਤ ਦੀ) ਚਤੁਰਾਈ (ਦਾ) ਬਹੁਤ (ਮਾਣ) ਹੁੰਦਾ ਹੈ।
60017	1414	ਕੀਤਾ ਕਰਤਿਆ ਬਿਰਥਾ ਗਇਆ ਇਕੁ ਤਿਲੁ ਥਾਇ ਨ ਪਾਈ॥		Keethaa Karathiaa Birathhaa Gaeiaa Eik Thil Thhaae N Paaee ||	Whatever he has done, and all that he does, is useless. Not even an iota of it is acceptable.	(ਆਪਣੀ ਅਕਲ ਦੇ ਆਸਰੇ ਪੁੰਨ ਦਾਨ ਆਦਿਕ ਦਾ) ਕੀਤਾ ਹੋਇਆ (ਉਹਨਾਂ ਦਾ) ਸਾਰਾ ਉੱਦਮ ਵਿਅਰਥ ਜਾਂਦਾ ਹੈ (ਉਹਨਾਂ ਦਾ ਇਹ ਉੱਦਮ ਪਰਮਾਤਮਾ ਦੀ ਹਜ਼ੂਰੀ ਵਿਚ) ਪਰਵਾਨ ਨਹੀਂ ਹੁੰਦਾ।
60018	1414	ਪੁੰਨ ਦਾਨੁ ਜੋ ਬੀਜਦੇ ਸਭ ਧਰਮਰਾਇ ਕੈ ਜਾਈ॥		Punn Dhaan Jo Beejadhae Sabh Dhharam Raae Kai Jaaee ||	The charity and generosity he pretends to give will be judged by the Righteous Judge of Dharma.	ਪੁੰਨ ਦਾਨ (ਆਦਿਕ) ਜਿਹੜਾ ਭੀ (ਕਰਮ-ਬੀਜ ਉਹ ਆਪਣੀ ਸਰੀਰ-ਧਰਤੀ ਵਿਚ) ਬੀਜਦੇ ਹਨ, (ਉਹਨਾਂ ਦੀ ਇਹ) ਸਾਰੀ (ਮਿਹਨਤ) ਧਰਮਰਾਜ ਦੇ ਹਵਾਲੇ ਹੋ ਜਾਂਦੀ ਹੈ (ਭਾਵ, ਇਸ ਸਾਰੀ ਮਿਹਨਤ ਨਾਲ ਤਾਂ ਮਨੁੱਖ ਧਰਮਰਾਜ ਦੇ ਹੀ ਅਧੀਨ ਰਹਿੰਦਾ ਹੈ)।
60019	1414	ਬਿਨੁ ਸਤਿਗੁਰੂ ਜਮਕਾਲੁ ਨ ਛੋਡਈ ਦੂਜੈ ਭਾਇ ਖੁਆਈ॥		Bin Sathiguroo Jamakaal N Shhoddee Dhoojai Bhaae Khuaaee ||	Without the True Guru, the Messenger of Death does not leave the mortal alone; he is ruined by the love of duality.	ਗੁਰੂ ਦੀ ਸਰਨ ਪੈਣ ਤੋਂ ਬਿਨਾ (ਜਨਮ) ਮਰਨ ਦਾ ਗੇੜ (ਮਨੁੱਖ ਨੂੰ) ਛੱਡਦਾ ਨਹੀਂ। ਮਾਇਆ ਦੇ ਮੋਹ ਦੇ ਕਾਰਨ (ਮਨੁੱਖ) ਖ਼ੁਆਰ ਹੀ ਹੁੰਦਾ ਹੈ।

60020	1414	ਜੋਬਨੁ ਜਾਂਦਾ ਨਦਰਿ ਨ ਆਵਈ ਜਰੁ ਪਹੁਚੈ ਮਰਿ ਜਾਈ॥		Joban Jaandhaa Nadhar N Aavee Jar Pahuchai Mar Jaaee ||	Youth slips away imperceptibly, old age comes, and then he dies.	(ਮਨੁੱਖ ਦੀ) ਜੁਆਨੀ ਲੰਘਦਿਆਂ ਚਿਰ ਨਹੀਂ ਲੱਗਦਾ, ਬੁਢੇਪਾ ਆ ਪਹੁੰਚਦਾ ਹੈ, (ਤੇ ਆਖ਼ਰ ਪ੍ਰਾਣੀ) ਮਰ ਜਾਂਦਾ ਹੈ।
60021	1414	ਪੁਤੁ ਕਲਤੁ ਮੋਹੁ ਹੇਤੁ ਹੈ ਅੰਤਿ ਬੇਲੀ ਕੋ ਨ ਸਖਾਈ॥	ਕ-ਲੱਤੁ	Puth Kalath Mohu Haeth Hai Anth Baelee Ko N Sakhaaee ||	The mortal is caught in love and emotional attachment to children and spouse, but none of them will be his helper and support in the end.	ਪੁੱਤਰ, ਇਸਤ੍ਰੀ, ਮਾਇਆ ਦਾ ਮੋਹ ਪਿਆਰ-(ਇਹਨਾਂ ਵਿਚੋਂ) ਅੰਤ ਵੇਲੇ ਕੋਈ ਯਾਰ ਨਹੀਂ ਬਣਦਾ, ਕੋਈ ਸਾਥੀ ਨਹੀਂ ਬਣਦਾ।
60022	1414	ਸਤਿਗੁਰੁ ਸੇਵੇ ਸੋ ਸੁਖੁ ਪਾਏ ਨਾਉ ਵਸੈ ਮਨਿ ਆਈ॥		Sathigur Saevae So Sukh Paaeae Naao Vasai Man Aaee ||	Whoever serves the True Guru finds peace; the Name comes to abide in the mind.	ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਆਤਮਕ ਆਨੰਦ ਮਾਣਦਾ ਹੈ, ਪਰਮਾਤਮਾ ਦਾ ਨਾਮ (ਉਸ ਦੇ) ਮਨ ਵਿਚ ਆ ਵੱਸਦਾ ਹੈ।
60023	1414	ਨਾਨਕ ਸੇ ਵਡੇ ਵਡਭਾਗੀ ਜਿ ਗੁਰਮੁਖਿ ਨਾਮਿ ਸਮਾਈ॥੧੯॥		Naanak Sae Vaddae Vaddabhaagee J Guramukh Naam Samaaee ||19||	O Nanak, great and very fortunate are those who, as Gurmukh, are absorbed in the Naam. ||19||	ਹੇ ਨਾਨਕ! ਜਿਹੜਾ ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ, ਉਹ ਸਾਰੇ ਉੱਚੇ ਜੀਵਨ ਹੁੰਦੇ ਹਨ, ਵੱਡੇ ਭਾਗਾਂ ਵਾਲੇ ਹੁੰਦੇ ਹਨ ॥੧੯॥

60024	1414	ਮਨਮੁਖ ਨਾਮੁ ਨ ਚੇਤਨੀ ਬਿਨੁ ਨਾਵੈ ਦੁਖ ਰੋਇ॥		Manamukh Naam N Chaethanee Bin Naavai Dhukh Roe ||	The self-willed manmukhs do not even think of the Name; without the Name, they cry in pain.	ਪਰਮਾਤਮਾ ਦੇ ਨਾਮ ਤੋਂ ਖੁੰਝਿਆ ਹੋਇਆ ਮਨੁੱਖ (ਸਦਾ ਆਪਣੇ) ਦੁੱਖ ਫਰੋਲਦਾ ਰਹਿੰਦਾ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਪਰਮਾਤਮਾ ਦਾ ਨਾਮ ਨਹੀਂ ਸਿਮਰਦੇ।
60025	1415	ਆਤਮਾ ਰਾਮੁ ਨ ਪੂਜਨੀ ਦੂਜੈ ਕਿਉ ਸੁਖੁ ਹੋਇ॥		Aathamaa Raam N Poojanee Dhoojai Kio Sukh Hoe ||	They do not worship the Lord, the Supreme Soul; how can they find peace in duality?	ਸਰਬ-ਵਿਆਪਕ ਪ੍ਰਭੂ ਦੀ ਭਗਤੀ ਨਹੀਂ ਕਰਦੇ। (ਭਲਾ) ਮਾਇਆ ਦੇ ਮੋਹ ਵਿਚ (ਫਸੇ ਰਹਿ ਕੇ ਉਹਨਾਂ ਨੂੰ) ਸੁਖ ਕਿਵੇਂ ਹੋ ਸਕਦਾ ਹੈ?
60026	1415	ਹਉਮੈ ਅੰਤਰਿ ਮੈਲੁ ਹੈ ਸਬਦਿ ਨ ਕਾਢਹਿ ਧੋਇ॥		Houmai Anthar Mail Hai Sabadh N Kaadtehi Dhhoe ||	They are filled with the filth of egotism; they do not wash it away with the Word of the Shabad.	ਉਹਨਾਂ ਦੇ ਅੰਦਰ ਹਉਮੈ ਦੀ ਮੈਲ ਟਿਕੀ ਰਹਿੰਦੀ ਹੈ ਜਿਸ ਨੂੰ ਉਹ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਧੋ ਕੇ ਨਹੀਂ ਕੱਢਦੇ।
60027	1415	ਨਾਨਕ ਬਿਨੁ ਨਾਵੈ ਮੈਲਿਆ ਮੁਏ ਜਨਮੁ ਪਦਾਰਥੁ ਖੋਇ॥੨੦॥		Naanak Bin Naavai Mailiaa Mueae Janam Padhaarathh Khoe ||20||	O Nanak, without the Name, they die in their filth; they waste the priceless opportunity of this human life. ||20||	ਹੇ ਨਾਨਕ! ਨਾਮ ਤੋਂ ਵਾਂਜੇ ਹੋਏ ਮਨੁੱਖ ਕੀਮਤੀ ਮਨੁੱਖਾ ਜਨਮ ਗਵਾ ਕੇ ਵਿਕਾਰਾਂ ਦੀ ਮੈਲ ਨਾਲ ਭਰੇ ਰਹਿੰਦੇ ਹਨ, ਤੇ ਆਤਮਕ ਮੌਤ ਸਹੇੜੀ ਰੱਖਦੇ ਹਨ ॥੨੦॥
60028	1415	ਮਨਮੁਖ ਬੋਲੇ ਅੰਧੁਲੇ ਤਿਸੁ ਮਹਿ ਅਗਨੀ ਕਾ ਵਾਸੁ॥		Manamukh Bolae Andhhulae This Mehi Aganee Kaa Vaas ||	The self-willed manmukhs are deaf and blind; they are filled with the fire of desire.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੀ (ਸੁਰਤ) ਵਿਚ ਤ੍ਰਿਸ਼ਨਾ ਦੀ ਅੱਗ ਦਾ ਨਿਵਾਸ ਹੋਇਆ ਰਹਿੰਦਾ ਹੈ। (ਆਤਮਕ ਜੀਵਨ ਵਲੋਂ ਉਹ) ਅੰਨ੍ਹੇ ਤੇ ਬੋਲੇ ਹੋਏ ਰਹਿੰਦੇ ਹਨ।

60029	1415	ਬਾਣੀ ਸੁਰਤਿ ਨ ਬੁਝਨੀ ਸਬਦਿ ਨ ਕਰਹਿ ਪ੍ਰਗਾਸੁ॥		Baanee Surath N Bujhanee Sabadh N Karehi Pragaas ||	They have no intuitive understanding of the Guru's Bani; they are not illumined with the Shabad.	ਉਹ ਗੁਰੂ ਦੀ ਬਾਣੀ ਵਿਚ ਸੁਰਤ ਜੋੜਨੀ ਨਹੀਂ ਸਮਝਦੇ, ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੀ ਸੁਰਤ ਵਿਚ ਆਤਮਕ ਜੀਵਨ ਦੀ ਸੂਝ ਦਾ) ਚਾਨਣ ਨਹੀਂ ਕਰਦੇ।
60030	1415	ਓਨਾ ਆਪਣੀ ਅੰਦਰਿ ਸੁਧਿ ਨਹੀ ਗੁਰ ਬਚਨਿ ਨ ਕਰਹਿ ਵਿਸਾਸੁ॥		Ounaa Aapanee Andhar Sudhh Nehee Gur Bachan N Karehi Visaas ||	They do not know their own inner being, and they have no faith in the Guru's Word.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਦੇ ਅੰਦਰ ਆਪਣੇ ਆਪੇ ਦੀ ਸੂਝ ਨਹੀਂ ਹੁੰਦੀ, ਉਹ ਗੁਰੂ ਦੇ ਬਚਨ ਵਿਚ ਸਰਧਾ ਨਹੀਂ ਲਿਆਉਂਦੇ।
60031	1415	ਗਿਆਨੀਆ ਅੰਦਰਿ ਗੁਰ ਸਬਦੁ ਹੈ ਨਿਤ ਹਰਿ ਲਿਵ ਸਦਾ ਵਿਗਾਸੁ॥		Giaaneeaa Andhar Gur Sabadh Hai Nith Har Liv Sadhaa Vigaas ||	The Word of the Guru's Shabad is within the being of the spiritually wise ones. They always blossom in His love.	ਪਰ, ਆਤਮਕ ਜੀਵਨ ਦੀ ਸੂਝ ਵਾਲੇ ਬੰਦਿਆਂ ਦੇ ਅੰਦਰ (ਸਦਾ) ਗੁਰੂ ਦਾ ਸ਼ਬਦ ਵੱਸਦਾ ਹੈ, ਉਹਨਾਂ ਦੀ ਲਗਨ ਸਦਾ ਹਰੀ ਵਿਚ ਰਹਿੰਦੀ ਹੈ (ਇਸ ਵਾਸਤੇ ਉਹਨਾਂ ਦੇ ਅੰਦਰ) ਸਦਾ (ਆਤਮਕ) ਖਿੜਾਉ ਬਣਿਆ ਰਹਿੰਦਾ ਹੈ।
60032	1415	ਹਰਿ ਗਿਆਨੀਆ ਕੀ ਰਖਦਾ ਹਉ ਸਦ ਬਲਿਹਾਰੀ ਤਾਸੁ॥		Har Giaaneeaa Kee Rakhadhaa Ho Sadh Balihaaree Thaas ||	The Lord saves the honor of the spiritually wise ones.I am forever a sacrifice to them.	ਪਰਮਾਤਮਾ ਆਤਮਕ ਜੀਵਨ ਵਾਲੇ ਮਨੁੱਖਾਂ ਦੀ ਸਦਾ (ਇੱਜ਼ਤ) ਰੱਖਦਾ ਹੈ, ਮੈਂ ਉਹਨਾਂ ਤੋਂ ਸਦਾ ਕੁਰਬਾਨ ਜਾਂਦਾ ਹਾਂ।

60033	1415	ਗੁਰਮੁਖਿ ਜੋ ਹਰਿ ਸੇਵਦੇ ਜਨ ਨਾਨਕੁ ਤਾ ਕਾ ਦਾਸੁ॥੨੧॥		Guramukh Jo Har Saevadhae Jan Naanak Thaa Kaa Dhaas ||21||	Servant Nanak is the slave of those Gurmukhs who serve the Lord. ||21||	ਗੁਰੂ ਦੀ ਸਰਨ ਪੈ ਕੇ ਜਿਹੜੇ ਮਨੁੱਖ ਪਰਮਾਤਮਾ ਦੀ ਸੇਵਾ-ਭਗਤੀ ਕਰਦੇ ਰਹਿੰਦੇ ਹਨ, ਦਾਸ ਨਾਨਕ ਉਹਨਾਂ ਦਾ ਸੇਵਕ ਹੈ ॥੨੧॥
60034	1415	ਮਾਇਆ ਭੁਇਅੰਗਮੁ ਸਰਪੁ ਹੈ ਜਗੁ ਘੇਰਿਆ ਬਿਖੁ ਮਾਇ॥	ਭੁਇ-ਅੰਗਮੁ	Maaeiaa Bhueiangam Sarap Hai Jag Ghaeriaa Bikh Maae ||	The poisonous snake, the serpent of Maya, has surrounded the world with its coils, O mother!	ਮਾਇਆ ਸੱਪ ਹੈ ਵੱਡਾ ਸੱਪ। ਆਤਮਕ ਮੌਤ ਲਿਆਉਣ ਵਾਲੀ ਜ਼ਹਰ ਦਾ ਭਰਿਆ ਇਹ ਮਾਇਆ-ਸੱਪ ਜਗਤ ਨੂੰ ਘੇਰੀ ਬੈਠਾ ਹੈ।
60035	1415	ਬਿਖੁ ਕਾ ਮਾਰਣੁ ਹਰਿ ਨਾਮੁ ਹੈ ਗੁਰ ਗਰੁੜ ਸਬਦੁ ਮੁਖਿ ਪਾਇ॥		Bikh Kaa Maaran Har Naam Hai Gur Garurr Sabadh Mukh Paae ||	The antidote to this poisonous venom is the Name of the Lord; the Guru places the magic spell of the Shabad into the mouth.	ਪਰਮਾਤਮਾ ਦਾ ਨਾਮ (ਹੀ ਇਸ) ਜ਼ਹਰ ਦਾ ਅਸਰ ਮੁਕਾ ਸਕਣ ਵਾਲਾ ਹੈ। ਗੁਰੂ ਦਾ ਸ਼ਬਦ (ਹੀ) ਗਾਰੁੜ ਮੰਤ੍ਰ ਹੈ (ਇਸ ਨੂੰ ਸਦਾ ਆਪਣੇ) ਮੂੰਹ ਵਿਚ ਪਾਈ ਰੱਖ।
60036	1415	ਜਿਨ ਕਉ ਪੂਰਬਿ ਲਿਖਿਆ ਤਿਨ ਸਤਿਗੁਰੁ ਮਿਲਿਆ ਆਇ॥		Jin Ko Poorab Likhiaa Thin Sathigur Miliaa Aae ||	Those who are blessed with such pre-ordained destiny come and meet the True Guru.	ਜਿਨ੍ਹਾਂ ਦੇ ਮੱਥੇ ਉਤੇ ਧੁਰ ਦਰਗਾਹ ਤੋਂ ਲੇਖ ਲਿਖਿਆ ਹੁੰਦਾ ਹੈ, ਉਹਨਾਂ ਨੂੰ ਗੁਰੂ ਆ ਕੇ ਮਿਲ ਪੈਂਦਾ ਹੈ,

60037	1415	ਮਿਲਿ ਸਤਿਗੁਰ ਨਿਰਮਲੁ ਹੋਇਆ ਬਿਖੁ ਹਉਮੈ ਗਇਆ ਬਿਲਾਇ॥		Mil Sathigur Niramal Hoeiaa Bikh Houmai Gaeiaa Bilaae ||	Meeting with the True Guru, they become immaculate, and the poison of egotism is eradicated.	ਗੁਰੂ ਨੂੰ ਮਿਲ ਕੇ ਉਹਨਾਂ ਦਾ ਜੀਵਨ ਪਵਿੱਤਰ ਹੋ ਜਾਂਦਾ ਹੈ ਉਹਨਾਂ ਦੇ ਅੰਦਰੋਂ ਹਉਮੈ ਦਾ ਜ਼ਹਰ ਸਦਾ ਲਈ ਦੂਰ ਹੋ ਜਾਂਦਾ ਹੈ।
60038	1415	ਗੁਰਮੁਖਾ ਕੇ ਮੁਖ ਉਜਲੇ ਹਰਿ ਦਰਗਹ ਸੋਭਾ ਪਾਇ॥		Guramukhaa Kae Mukh Oujalae Har Dharageh Sobhaa Paae ||	Radiant and bright are the faces of the Gurmukhs; they are honored in the Court of the Lord.	ਪਰਮਾਤਮਾ ਦੀ ਹਜ਼ੂਰੀ ਵਿਚ ਸੋਭਾ ਖੱਟ ਕੇ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਦੇ ਮੂੰਹ ਰੌਸ਼ਨ ਹੋ ਜਾਂਦੇ ਹਨ।
60039	1415	ਜਨ ਨਾਨਕੁ ਸਦਾ ਕੁਰਬਾਣੁ ਤਿਨ ਜੋ ਚਾਲਹਿ ਸਤਿਗੁਰ ਭਾਇ॥੨੨॥		Jan Naanak Sadhaa Kurabaan Thin Jo Chaalehi Sathigur Bhaae ||22||	Servant Nanak is forever a sacrifice to those who walk in harmony with the Will of the True Guru. ||22||	ਦਾਸ ਨਾਨਕ ਉਹਨਾਂ ਮਨੁੱਖਾਂ ਤੋਂ ਸਦਾ ਸਦਕੇ ਜਾਂਦਾ ਹੈ ਜਿਹੜੇ ਗੁਰੂ ਦੀ ਰਜ਼ਾ ਵਿਚ ਤੁਰਦੇ ਹਨ ॥੨੨॥
60040	1415	ਸਤਿਗੁਰ ਪੁਰਖੁ ਨਿਰਵੈਰੁ ਹੈ ਨਿਤ ਹਿਰਦੈ ਹਰਿ ਲਿਵ ਲਾਇ॥		Sathigur Purakh Niravair Hai Nith Hiradhai Har Liv Laae ||	The True Guru, the Primal Being, has no hatred or vengeance. His heart is constantly attuned to the Lord.	ਗੁਰੂ (ਇਕ ਐਸਾ ਮਹਾ) ਪੁਰਖ ਹੈ ਜਿਸ ਦਾ ਕਿਸੇ ਨਾਲ ਭੀ ਵੈਰ ਨਹੀਂ ਹੈ, ਗੁਰੂ ਹਰ ਵੇਲੇ ਆਪਣੇ ਹਿਰਦੇ ਵਿਚ ਪਰਮਾਤਮਾ ਨਾਲ ਲਗਨ ਲਾਈ ਰੱਖਦਾ ਹੈ।

60041	1415	ਨਿਰਵੈਰੈ ਨਾਲਿ ਵੈਰੁ ਰਚਾਇਦਾ ਅਪਣੈ ਘਰਿ ਲੂਕੀ ਲਾਇ॥		Niravairai Naal Vair Rachaaeidhaa Apanai Ghar Lookee Laae ||	Whoever directs hatred against the Guru, who has no hatred at all, only sets his own home on fire.	ਜਿਹੜਾ ਮਨੁੱਖ (ਅਜਿਹੇ) ਨਿਰਵੈਰ (ਗੁਰੂ) ਨਾਲ ਵੈਰ ਬਣਾਈ ਰੱਖਦਾ ਹੈ, ਉਹ ਆਪਣੇ (ਹਿਰਦੇ-) ਘਰ ਵਿਚ (ਈਰਖਾ ਦੀ) ਚੁਆਤੀ ਬਾਲੀ ਰੱਖਦਾ ਹੈ।
60042	1415	ਅੰਤਰਿ ਕ੍ਰੋਧੁ ਅਹੰਕਾਰੁ ਹੈ ਅਨ ਦਿਨੁ ਜਲੈ ਸਦਾ ਦੁਖੁ ਪਾਇ ॥		Anthar Krodhh Ahankaar Hai Anadhin Jalai Sadhaa Dhukh Paae ||	Anger and egotism are within him night and day; he burns, and suffers constant pain.	ਉਸ ਦੇ ਅੰਦਰ ਕ੍ਰੋਧ (ਦਾ ਭਾਂਬੜ) ਹੈ, ਉਸ ਦੇ ਅੰਦਰ ਅਹੰਕਾਰ (ਦਾ ਭਾਂਬੜ ਬਲਦਾ ਰਹਿੰਦਾ) ਹੈ (ਜਿਸ ਵਿਚ) ਉਹ ਹਰ ਵੇਲੇ ਸੜਦਾ ਰਹਿੰਦਾ ਹੈ, ਤੇ, ਸਦਾ ਦੁੱਖ ਪਾਂਦਾ ਰਹਿੰਦਾ ਹੈ।
60043	1415	ਕੂੜੁ ਬੋਲਿ ਬੋਲਿ ਨਿਤ ਭਉਕਦੇ ਬਿਖੁ ਖਾਧੇ ਦੂਜੈ ਭਾਇ॥		Koorr Bol Bol Nith Bhoukadhae Bikh Khaadhhae Dhoojai Bhaae ||	They babble and tell lies, and keep on barking, eating the poison of the love of duality.	(ਜਿਹੜੇ ਮਨੁੱਖ ਗੁਰੂ ਦੇ ਵਿਰੁੱਧ) ਝੂਠ ਬੋਲ ਬੋਲ ਕੇ ਵਾਹੀ ਤਬਾਹੀ ਬੋਲਦੇ ਰਹਿੰਦੇ ਹਨ, ਮਾਇਆ ਦੇ ਮੋਹ ਵਿਚ (ਉਹ ਇਉਂ ਆਤਮਕ ਮੌਤੇ ਮਰੇ ਰਹਿੰਦੇ ਹਨ, ਜਿਵੇਂ) ਉਹਨਾਂ ਜ਼ਹਰ ਖਾਧੀ ਹੁੰਦੀ ਹੈ।
60044	1415	ਬਿਖੁ ਮਾਇਆ ਕਾਰਣਿ ਭਰਮਦੇ ਫਿਰਿ ਘਰਿ ਘਰਿ ਪਤਿ ਗਵਾਇ॥		Bikh Maaeiaa Kaaran Bharamadhae Fir Ghar Ghar Path Gavaae ||	For the sake of the poison of Maya, they wander from house to house, and lose their honor.	ਆਤਮਕ ਮੌਤ ਲਿਆਉਣ ਵਾਲੀ ਮਾਇਆ-ਜ਼ਹਰ ਦੀ ਖ਼ਾਤਰ ਉਹ ਘਰ ਘਰ (ਦੇ ਬੂਹੇ) ਤੇ ਇੱਜ਼ਤ ਗਵਾ ਕੇ (ਹੌਲੇ ਪੈ ਕੇ) ਭਟਕਦੇ ਫਿਰਦੇ ਹਨ।

60045	1415	ਬੇਸੁਆ ਕੇਰੇ ਪੂਤ ਜਿਉ ਪਿਤਾ ਨਾਮੁ ਤਿਸੁ ਜਾਇ॥		Baesuaa Kaerae Pooth Jio Pithaa Naam This Jaae ||	They are like the son of a prostitute, who does not know the name of his father.	(ਅਜਿਹੇ ਮਨੁੱਖ) ਵੇਸੁਆ ਦੇ ਪੁੱਤਰ ਵਾਂਗ (ਨੱਕ-ਵੱਢੇ ਹੁੰਦੇ ਹਨ) ਜਿਸ ਦੇ ਪਿਤਾ ਦਾ ਨਾਮ ਗੁੰਮ ਹੋ ਜਾਂਦਾ ਹੈ।
60046	1415	ਹਰਿ ਹਰਿ ਨਾਮੁ ਨ ਚੇਤਨੀ ਕਰਤੈ ਆਪਿ ਖੁਆਇ॥		Har Har Naam N Chaethanee Karathai Aap Khuaae ||	They do not remember the Name of the Lord, Har, Har; the Creator Himself brings them to ruin.	ਉਹ ਮਨੁੱਖ ਪਰਮਾਤਮਾ ਦਾ ਨਾਮ ਨਹੀਂ ਸਿਮਰਦੇ (ਪਰ ਉਹਨਾਂ ਦੇ ਭੀ ਕੀਹ ਵੱਸ?) ਕਰਤਾਰ ਨੇ ਆਪ (ਹੀ ਉਹਨਾਂ ਨੂੰ) ਕੁਰਾਹੇ ਪਾਇਆ ਹੁੰਦਾ ਹੈ।
60047	1415	ਹਰਿ ਗੁਰਮੁਖਿ ਕਿਰਪਾ ਧਾਰੀਅਨੁ ਜਨ ਵਿਛੁੜੇ ਆਪਿ ਮਿਲਾਇ॥		Har Guramukh Kirapaa Dhhaareean Jan Vishhurrae Aap Milaae ||	The Lord showers His Mercy upon the Gurmukhs, and reunites the separated ones with Himself.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਉਤੇ ਹਰੀ ਨੇ ਆਪ ਕਿਰਪਾ ਕੀਤੀ ਹੁੰਦੀ ਹੈ। ਗੁਰੂ ਦੀ ਰਾਹੀਂ ਉਹਨਾਂ ਵਿਛੁੜਿਆਂ ਨੂੰ ਹਰੀ ਆਪ (ਆਪਣੇ ਨਾਲ) ਮਿਲਾ ਲੈਂਦਾ ਹੈ।
60048	1415	ਜਨ ਨਾਨਕੁ ਤਿਸੁ ਬਲਿਹਾਰਣੈ ਜੋ ਸਤਿਗੁਰ ਲਾਗੇ ਪਾਇ॥੨੩॥		Jan Naanak This Balihaaranai Jo Sathigur Laagae Paae ||23||	Servant Nanak is a sacrifice to those who fall at the Feet of the True Guru. ||23||	ਦਾਸ ਨਾਨਕ ਉਸ ਮਨੁੱਖ ਤੋਂ ਸਦਕੇ ਜਾਂਦਾ ਹੈ, ਜਿਹੜੇ ਗੁਰੂ ਦੀ ਚਰਨੀਂ ਪਏ ਰਹਿੰਦੇ ਹਨ ॥੨੩॥
60049	1415	ਨਾਮਿ ਲਗੇ ਸੇ ਊਬਰੇ ਬਿਨੁ ਨਾਵੈ ਜਮਪੁਰਿ ਜਾਂਹਿ॥		Naam Lagae Sae Oobarae Bin Naavai Jam Pur Jaanhi ||	Those who are attached to the Naam, the Name of the Lord, are saved; without the Name, they must go to the City of Death.	ਜਿਹੜੇ ਮਨੁੱਖ ਪਰਮਾਤਮਾ ਦੇ ਨਾਮ ਵਿਚ ਜੁੜੇ ਰਹੇ, ਉਹ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਗਏ। ਨਾਮ ਤੋਂ ਖ਼ਾਲੀ ਰਹਿਣ ਵਾਲੇ ਮਨੁੱਖ ਜਮਰਾਜ ਦੇ ਵੱਸ ਪੈਂਦੇ ਹਨ।

60050	1415	ਨਾਨਕ ਬਿਨੁ ਨਾਵੈ ਸੁਖੁ ਨਹੀ ਆਇ ਗਏ ਪਛੁਤਾਹਿ॥੨੪॥		Naanak Bin Naavai Sukh Nehee Aae Geae Pashhuthaahi ||24||	O Nanak, without the Name, they find no peace; they come and go in reincarnation with regrets. ||24||	ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਬਿਨਾ (ਉਹਨਾਂ ਨੂੰ) ਆਤਮਕ ਆਨੰਦ ਨਹੀਂ ਮਿਲਦਾ। (ਜਗਤ ਵਿਚ) ਜਨਮ ਲੈ ਕੇ (ਨਾਮ ਤੋਂ ਸੱਖਣੇ ਹੀ) ਜਾਂਦੇ ਹਨ ਤੇ ਪਛੁਤਾਂਦੇ ਰਹਿੰਦੇ ਹਨ ॥੨੪॥
60051	1415	ਚਿੰਤਾ ਧਾਵਤ ਰਹਿ ਗਏ ਤਾਂ ਮਨਿ ਭਇਆ ਅਨੰਦੁ॥		Chinthaa Dhhaavath Rehi Geae Thaan Man Bhaeiaa Anandh ||	When anxiety and wanderings come to an end, the mind becomes happy.	ਮਾਇਆ ਦੀ ਚਿੰਤਾ ਵਿਚ ਭਟਕ ਰਹੇ ਜਿਹੜੇ ਮਨੁੱਖ (ਇਸ ਭਟਕਣਾ ਤੋਂ) ਹਟ ਜਾਂਦੇ ਹਨ, ਉਹਨਾਂ ਦੇ ਮਨ ਵਿਚ ਆਨੰਦ ਪੈਦਾ ਹੋ ਜਾਂਦਾ ਹੈ,
60052	1415	ਗੁਰ ਪ੍ਰਸਾਦੀ ਬੁਝੀਐ ਸਾ ਧਨ ਸੁਤੀ ਨਿਚਿੰਦ॥	ਸੁੱਤੀ, ਨਿ-ਚਿੰਦ	Gur Prasaadhee Bujheeai Saa Dhhan Suthee Nichindh ||	By Guru's Grace, the soul-bride understands, and then she sleeps without worry.	(ਪਰ ਇਹ ਭੇਤ) ਗੁਰੂ ਦੀ ਕਿਰਪਾ ਨਾਲ ਹੀ ਸਮਝ ਸਕੀਦਾ ਹੈ। (ਜਿਹੜੀ) ਜੀਵ-ਇਸਤ੍ਰੀ (ਇਸ ਭੇਤ ਨੂੰ ਸਮਝ ਲੈਂਦੀ ਹੈ, ਉਹ) ਚਿੰਤਾ-ਰਹਿਤ ਅਵਸਥਾ ਵਿਚ ਲੀਨ ਰਹਿੰਦੀ ਹੈ।
60053	1415	ਜਿਨ ਕਉ ਪੂਰਬਿ ਲਿਖਿਆ ਤਿਨ੍ਹਾ ਭੇਟਿਆ ਗੁਰ ਗੋਵਿੰਦੁ॥		Jin Ko Poorab Likhiaa Thinhaa Bhaettiaa Gur Govindh ||	Those who have such pre-ordained destiny meet with the Guru, the Lord of the Universe.	ਜਿਨ੍ਹਾਂ ਮਨੁੱਖਾਂ ਦੇ ਮੱਥੇ ਉੱਤੇ ਧੁਰ ਦਰਗਾਹ ਤੋਂ ਲੇਖ ਲਿਖਿਆ ਹੁੰਦਾ ਹੈ ਉਹਨਾਂ ਨੂੰ ਗੁਰੂ-ਪਰਮਾਤਮਾ ਮਿਲ ਪੈਂਦਾ ਹੈ।

60054	1415	ਨਾਨਕ ਸਹਜੇ ਮਿਲਿ ਰਹੇ ਹਰਿ ਪਾਇਆ ਪਰਮਾਨੰਦੁ॥੨੫॥		Naanak Sehajae Mil Rehae Har Paaeiaa Paramaanandh ||25||	O Nanak, they merge intuitively into the Lord, the Embodiment of Supreme Bliss. ||25||	ਹੇ ਨਾਨਕ! ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ। ਸਭ ਤੋਂ ਉੱਚੇ ਆਤਮਕ ਆਨੰਦ ਦੇ ਮਾਲਕ-ਪ੍ਰਭੂ (ਦਾ ਮਿਲਾਪ) ਉਹ ਮਨੁੱਖ ਪ੍ਰਾਪਤ ਕਰ ਲੈਂਦੇ ਹਨ ॥੨੫॥
60055	1415	ਸਤਿਗੁਰੁ ਸੇਵਨਿ ਆਪਣਾ ਗੁਰ ਸਬਦੀ ਵੀਚਾਰਿ॥		Sathigur Saevan Aapanaa Gur Sabadhee Veechaar ||	Those who serve their True Guru, who contemplate the Word of the Guru's Shabad,	ਜਿਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਸੁਰਤ ਜੋੜ ਕੇ ਪਿਆਰੇ ਗੁਰੂ ਦੀ ਸਰਨ ਪਏ ਰਹਿੰਦੇ ਹਨ,
60056	1415	ਸਤਿਗੁਰ ਕਾ ਭਾਣਾ ਮੰਨਿ ਲੈਨਿ ਹਰਿ ਨਾਮੁ ਰਖਹਿ ਉਰ ਧਾਰਿ॥		Sathigur Kaa Bhaanaa Mann Lain Har Naam Rakhehi Our Dhaar ||	Who honor and obey the Will of the True Guru, who keep the Lord's Name enshrined within their hearts,	ਗੁਰੂ ਦੀ ਰਜ਼ਾ ਨੂੰ (ਸਿਰ-ਮੱਥੇ) ਮੰਨਦੇ ਹਨ, ਪਰਮਾਤਮਾ ਦਾ ਨਾਮ (ਆਪਣੇ) ਹਿਰਦੇ ਵਿਚ ਵਸਾਈ ਰੱਖਦੇ ਹਨ,
60057	1415	ਐਥੈ ਓਥੈ ਮੰਨੀਅਨਿ ਹਰਿ ਨਾਮਿ ਲਗੇ ਵਾਪਾਰਿ॥		Aithhai Outhhai Manneean Har Naam Lagae Vaapaar ||	Are honored, here and hereafter; they are dedicated to the business of the Lord's Name.	ਪਰਮਾਤਮਾ ਦੇ ਨਾਮ-ਵਪਾਰ ਵਿਚ ਰੁੱਝੇ ਰਹਿੰਦੇ ਹਨ, ਉਹ ਮਨੁੱਖ ਇਸ ਲੋਕ ਵਿਚ ਅਤੇ ਪਰਲੋਕ ਵਿਚ ਸਤਕਾਰੇ ਜਾਂਦੇ ਹਨ।
60058	1415	ਗੁਰਮੁਖਿ ਸਬਦਿ ਸਿਞਾਪਦੇ ਤਿਤੁ ਸਾਚੈ ਦਰਬਾਰਿ॥		Guramukh Sabadh Sinjaapadhae Thith Saachai Dharabaar ||	Through the Word of the Shabad, the Gurmukhs gain recognition in that Court of the True Lord.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਉਸ ਸਦਾ-ਥਿਰ ਦਰਬਾਰ ਵਿਚ ਗੁਰੂ ਦੇ ਸ਼ਬਦ ਦੀ ਰਾਹੀਂ ਪਛਾਣੇ ਜਾਂਦੇ ਹਨ।

60059	1415	ਸਚਾ ਸਉਦਾ ਖਰਚੁ ਸਚੁ ਅੰਤਰਿ ਪਿਰਮੁ ਪਿਆਰੁ॥		Sachaa Soudhaa Kharach Sach Anthar Piram Piaar ||	The True Name is their merchandise, the True Name is their expenditure; the Love of their Beloved fills their inner beings.	ਉਹ ਮਨੁੱਖ ਸਦਾ-ਥਿਰ ਹਰਿ-ਨਾਮ ਦਾ ਵਣਜ (ਕਰਦੇ ਰਹਿੰਦੇ ਹਨ), ਸਦਾ-ਥਿਰ ਹਰਿ-ਨਾਮ ਹੀ ਆਤਮਕ ਖ਼ੁਰਾਕ ਦੇ ਤੌਰ ਤੇ ਵਰਤਦੇ ਰਹਿੰਦੇ ਹਨ, ਉਹਨਾਂ ਦੇ ਅੰਦਰ ਪਰਮਾਤਮਾ ਦਾ ਪ੍ਰੇਮ-ਪਿਆਰ (ਸਦਾ ਟਿਕਿਆ ਰਹਿੰਦਾ ਹੈ)।
60060	1415	ਜਮਕਾਲੁ ਨੇੜਿ ਨ ਆਵਈ ਆਪਿ ਬਖਸੇ ਕਰਤਾਰਿ॥		Jamakaal Naerr N Aavee Aap Bakhasae Karathaar ||	The Messenger of Death does not even approach them; the Creator Lord Himself forgives them.	ਉਹਨਾਂ ਉਤੇ ਕਰਤਾਰ ਨੇ ਆਪ ਮਿਹਰ ਕੀਤੀ ਹੁੰਦੀ ਹੈ, ਮੌਤ (ਦਾ ਡਰ ਉਹਨਾਂ ਦੇ) ਨੇੜੇ ਨਹੀਂ ਢੁਕਦਾ (ਆਤਮਕ ਮੌਤ ਉਹਨਾਂ ਦੇ ਨੇੜੇ ਨਹੀਂ ਆਉਂਦੀ)।
60061	1416	ਨਾਨਕ ਨਾਮ ਰਤੇ ਸੇ ਧਨਵੰਤ ਹੈਨਿ ਨਿਰਧਨੁ ਹੋਰੁ ਸੰਸਾਰੁ॥੨੬॥		Naanak Naam Rathae Sae Dhhanavanth Hain Niradhhan Hor Sansaar ||26||	O Nanak, they alone are wealthy, who are imbued with the Naam; the rest of the world is poor. ||26||	ਹੇ ਨਾਨਕ! ਜਿਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹ ਧਨਵਾਨ ਹਨ, ਬਾਕੀ ਸਾਰਾ ਸੰਸਾਰ ਕੰਗਾਲ ਹੈ ॥੨੬॥
60062	1416	ਜਨ ਕੀ ਟੇਕ ਹਰਿ ਨਾਮੁ ਹਰਿ ਬਿਨੁ ਨਾਵੈ ਠਵਰ ਨ ਠਾਉ॥	ਇਸ ਲੋਕ ਚ (ਠਵਰ) ਟਿਕਾਣਾ, ਪ੍ਰਲੋਕ ਚ (ਠਾਉ) ਜਗ੍ਹਾ	Jan Kee Ttaek Har Naam Har Bin Naavai Thavar N Thaao ||	The Lord's Name is the Support of the Lord's humble servants. Without the Lord's Name, the there is no other place, no place of rest.	ਪਰਮਾਤਮਾ ਦਾ ਨਾਮ (ਹੀ ਪਰਮਾਤਮਾ ਦੇ) ਸੇਵਕਾਂ ਦਾ ਸਹਾਰਾ ਹੈ, ਹਰਿ-ਨਾਮ ਤੋਂ ਬਿਨਾ (ਉਹਨਾਂ ਨੂੰ) ਕੋਈ ਹੋਰ ਆਸਰਾ ਨਹੀਂ ਸੁੱਝਦਾ।

60063	1416	ਗੁਰਮਤੀ ਨਾਉ ਮਨਿ ਵਸੈ ਸਹਜੇ ਸਹਜਿ ਸਮਾਉ॥		Guramathee Naao Man Vasai Sehajae Sehaj Samaao ||	Following the Guru's Teachings, the Name abides in the mind, and one is intuitively, automatically absorbed in the Lord.	ਗੁਰੂ ਦੀ ਮੱਤ ਦੀ ਬਰਕਤਿ ਨਾਲ ਪਰਮਾਤਮਾ ਦਾ ਨਾਮ (ਉਹਨਾਂ ਦੇ) ਮਨ ਵਿਚ ਵੱਸਿਆ ਰਹਿੰਦਾ ਹੈ, ਹਰ ਵੇਲੇ ਆਤਮਕ ਅਡੋਲਤਾ ਵਿਚ (ਉਹਨਾਂ ਦੀ) ਲੀਨਤਾ ਰਹਿੰਦੀ ਹੈ।
60064	1416	ਵਡਭਾਗੀ ਨਾਮੁ ਧਿਆਇਆ ਅਹਿ ਨਿਸਿ ਲਾਗਾ ਭਾਉ॥		Vaddabhaagee Naam Dhhiaaeiaa Ahinis Laagaa Bhaao ||	Those with great good fortune meditate on the Naam; night and day, they embrace love for the Name.	ਵੱਡੇ ਭਾਗਾਂ ਨਾਲ (ਉਹਨਾਂ ਨੇ ਦਿਨ ਰਾਤ ਪਰਮਾਤਮਾ ਦਾ) ਨਾਮ ਸਿਮਰਿਆ ਹੈ, ਦਿਨ ਰਾਤ ਉਹਨਾਂ ਦਾ ਪਿਆਰ (ਹਰਿ-ਨਾਮ ਨਾਲ) ਬਣਿਆ ਰਹਿੰਦਾ ਹੈ।
60065	1416	ਜਨ ਨਾਨਕੁ ਮੰਗੈ ਧੂੜਿ ਤਿਨ ਹਉ ਸਦ ਕੁਰਬਾਣੈ ਜਾਉ॥੨੭॥		Jan Naanak Mangai Dhhoorr Thin Ho Sadh Kurabaanai Jaao ||27||	Servant Nanak begs for the dust of their feet; I am forever a sacrifice to them. ||27||	ਦਾਸ ਨਾਨਕ ਉਹਨਾਂ ਦੇ ਚਰਨਾਂ ਦੀ ਧੂੜ (ਸਦਾ) ਮੰਗਦਾ ਹੈ (ਤੇ ਆਖਦਾ ਹੈ ਕਿ ਹੇ ਭਾਈ!) ਮੈਂ ਉਹਨਾਂ ਤੋਂ ਸਦਾ ਸਦਕੇ ਜਾਂਦਾ ਹਾਂ ॥੨੭॥
60066	1416	ਲਖ ਚਉਰਾਸੀਹ ਮੇਦਨੀ ਤਿਸਨਾ ਜਲਤੀ ਕਰੇ ਪੁਕਾਰ॥	ਲੱਖ	Lakh Chouraaseeh Maedhanee Thisanaa Jalathee Karae Pukaar ||	The 8.4 million species of beings burn in desire and cry in pain.	ਚੌਰਾਸੀ ਲੱਖ ਜੂਨਾਂ ਦੇ ਜੀਵਾਂ ਵਾਲੀ ਇਹ ਧਰਤੀ ਤ੍ਰਿਸ਼ਨਾ (ਦੀ ਅੱਗ) ਵਿਚ ਸੜ ਰਹੀ ਹੈ ਅਤੇ ਪੁਕਾਰ ਕਰ ਰਹੀ ਹੈ।

60067	1416	ਇਹੁ ਮੋਹੁ ਮਾਇਆ ਸਭੁ ਪਸਰਿਆ ਨਾਲਿ ਚਲੈ ਨ ਅੰਤੀ ਵਾਰ॥		Eihu Mohu Maaeiaa Sabh Pasariaa Naal Chalai N Anthee Vaar ||	All this show of emotional attachment to Maya shall not go with you at that very last instant.	ਮਾਇਆ ਦਾ ਇਹ ਮੋਹ ਸਾਰੀ ਲੁਕਾਈ ਵਿਚ ਪ੍ਰਭਾਵ ਪਾ ਰਿਹਾ ਹੈ (ਪਰ ਇਹ ਮਾਇਆ) ਅਖ਼ੀਰਲੇ ਵੇਲੇ (ਕਿਸੇ ਦੇ ਭੀ) ਨਾਲ ਨਹੀਂ ਜਾਂਦੀ।
60068	1416	ਬਿਨੁ ਹਰਿ ਸਾਂਤਿ ਨ ਆਵਈ ਕਿਸੁ ਆਗੈ ਕਰੀ ਪੁਕਾਰ॥		Bin Har Saanth N Aavee Kis Aagai Karee Pukaar ||	Without the Lord, peace and tranquility do not come; unto whom should we go and complain?	ਪਰਮਾਤਮਾ ਦੇ ਨਾਮ ਤੋਂ ਬਿਨਾ (ਮਾਇਆ ਵਲੋਂ ਕਿਸੇ ਨੂੰ) ਸ਼ਾਂਤੀ (ਭੀ) ਨਹੀਂ ਆਉਂਦੀ। (ਗੁਰੂ ਤੋਂ ਬਿਨਾ) ਕਿਸ ਅੱਗੇ ਮੈਂ ਪੁਕਾਰ ਕਰਾਂ? (ਮਾਇਆ ਦੇ ਮੋਹ ਤੋਂ ਹੋਰ ਕੋਈ ਛੁਡਾ ਨਹੀਂ ਸਕਦਾ)।
60069	1416	ਵਡਭਾਗੀ ਸਤਿਗੁਰੁ ਪਾਇਆ ਬੂਝਿਆ ਬ੍ਰਹਮੁ ਬਿਚਾਰੁ॥		Vaddabhaagee Sathigur Paaeiaa Boojhiaa Breham Bichaar ||	By great good fortune, one meets the True Guru, and comes to understand the contemplation of God.	ਵੱਡੇ ਭਾਗਾਂ ਨਾਲ (ਜਿਨ੍ਹਾਂ ਮਨੁੱਖਾਂ ਨੇ) ਗੁਰੂ ਲੱਭ ਲਿਆ, ਉਹਨਾਂ ਪਰਮਾਤਮਾ ਨਾਲ ਸਾਂਝ ਪਾ ਲਈ, ਉਹਨਾਂ ਪਰਮਾਤਮਾ ਦੇ ਗੁਣਾਂ ਨੂੰ ਆਪਣੇ ਮਨ ਵਿਚ ਵਸਾ ਲਿਆ।
60070	1416	ਤਿਸਨਾ ਅਗਨਿ ਸਭ ਬੁਝਿ ਗਈ ਜਨ ਨਾਨਕ ਹਰਿ ਉਰਿ ਧਾਰਿ॥੨੮॥		Thisanaa Agan Sabh Bujh Gee Jan Naanak Har Our Dhhaar ||28||	The fire of desire is totally extinguished, O servant Nanak, enshrining the Lord within the heart. ||28||	ਹੇ ਦਾਸ ਨਾਨਕ! ਪਰਮਾਤਮਾ ਨੂੰ ਹਿਰਦੇ ਵਿਚ ਵਸਾਣ ਦੇ ਕਾਰਨ (ਉਹਨਾਂ ਦੇ ਅੰਦਰੋਂ) ਤ੍ਰਿਸ਼ਨਾ ਦੀ ਸਾਰੀ ਅੱਗ ਬੁੱਝ ਗਈ ॥੨੮॥

60071	1416	ਅਸੀ ਖਤੇ ਬਹੁਤੁ ਕਮਾਵਦੇ ਅੰਤੁ ਨ ਪਾਰਾਵਾਰੁ॥	ਖਤੇ:ਪੋਲਾ ਬੋਲੋ। (ਖਤੇ) ਪਾਪ	Asee Khathae Bahuth Kamaavadhae Anth N Paaraavaar ||	I make so many mistakes, there is no end or limit to them.	ਹੇ ਹਰੀ! ਅਸੀਂ ਜੀਵ ਬਹੁਤ ਭੁੱਲਾਂ ਕਰਦੇ ਰਹਿੰਦੇ ਹਾਂ, (ਸਾਡੀਆਂ ਭੁੱਲਾਂ ਦਾ) ਅੰਤ ਨਹੀਂ ਪੈ ਸਕਦਾ, (ਸਾਡੀਆਂ ਭੁੱਲਾਂ ਦਾ) ਪਾਰਲਾ ਉਰਲਾ ਬੰਨਾ ਨਹੀਂ ਲੱਭਦਾ।
60072	1416	ਹਰਿ ਕਿਰਪਾ ਕਰਿ ਕੈ ਬਖਸਿ ਲੈਹੁ ਹਉ ਪਾਪੀ ਵਡ ਗੁਨਹਗਾਰੁ॥		Har Kirapaa Kar Kai Bakhas Laihu Ho Paapee Vadd Gunehagaar ||	O Lord, please be merciful and forgive me; I am a sinner, a great offender.	ਹੇ ਹਰੀ! ਤੂੰ ਮਿਹਰ ਕਰ ਕੇ ਆਪ ਹੀ ਬਖ਼ਸ਼ ਲੈ, ਮੈਂ ਪਾਪੀ ਹਾਂ, ਗੁਨਾਹਗਾਰ ਹਾਂ।
60073	1416	ਹਰਿ ਜੀਉ ਲੇਖੈ ਵਾਰ ਨ ਆਵਈ ਤੂੰ ਬਖਸਿ ਮਿਲਾਵਣਹਾਰੁ॥		Har Jeeo Laekhai Vaar N Aavee Thoon Bakhas Milaavanehaar ||	O Dear Lord, if You made an account of my mistakes, my turn to be forgiven would not even come. Please forgive me, and unite me with Yourself.	ਹੇ ਪ੍ਰਭੂ ਜੀ! (ਮੇਰੇ ਕੀਤੇ ਕਰਮਾਂ ਦੇ) ਲੇਖੇ ਦੀ ਰਾਹੀਂ ਤਾਂ (ਬਖ਼ਸ਼ਸ਼ ਹਾਸਲ ਕਰਨ ਦੀ ਮੇਰੀ) ਵਾਰੀ ਹੀ ਨਹੀਂ ਆ ਸਕਦੀ, ਤੂੰ (ਮੇਰੀਆਂ ਭੁੱਲਾਂ) ਬਖ਼ਸ਼ ਕੇ (ਮੈਨੂੰ ਆਪਣੇ ਚਰਨਾਂ ਵਿਚ) ਮਿਲਾਣ ਦੀ ਸਮਰਥਾ ਵਾਲਾ ਹੈਂ।
60074	1416	ਗੁਰ ਤੁਠੈ ਹਰਿ ਪ੍ਰਭੁ ਮੇਲਿਆ ਸਭ ਕਿਲਵਿਖ ਕਟਿ ਵਿਕਾਰ॥		Gur Thuthai Har Prabh Maeliaa Sabh Kilavikh Katt Vikaar ||	The Guru, in His Pleasure, has united me with the Lord God; He has cut away all my sinful mistakes.	(ਜਿਸ ਉੱਤੇ ਪ੍ਰਭੂ ਦੀ ਮਿਹਰ ਹੋਈ, ਉਸ ਦੇ ਅੰਦਰੋਂ) ਸਾਰੇ ਪਾਪ ਵਿਕਾਰ ਕੱਟ ਕੇ ਦਇਆਵਾਨ ਹੋਏ ਗੁਰੂ ਨੇ ਉਸ ਨੂੰ ਹਰਿ-ਪ੍ਰਭੂ ਮਿਲਾ ਦਿੱਤਾ।

60075	1416	ਜਿਨਾ ਹਰਿ ਹਰਿ ਨਾਮੁ ਧਿਆਇਆ ਜਨ ਨਾਨਕ ਤਿਨ੍ ਜੈਕਾਰੁ॥੨੯॥		Jinaa Har Har Naam Dhhiaaeiaa Jan Naanak Thinh Jaikaar ||29||	Servant Nanak celebrates the victory of those who meditate on the Name of the Lord, Har, Har. ||29||	ਹੇ ਦਾਸ ਨਾਨਕ! ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਸਿਮਰਿਆ ਹੈ, ਉਹਨਾਂ ਨੂੰ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਆਈ ਹੈ ॥੨੯॥
60076	1416	ਵਿਛੁੜਿ ਵਿਛੁੜਿ ਜੋ ਮਿਲੇ ਸਤਿਗੁਰ ਕੇ ਭੈ ਭਾਇ॥		Vishhurr Vishhurr Jo Milae Sathigur Kae Bhai Bhaae ||	Those who have been separated and alienated from the Lord are united with Him again, through the Fear and the Love of the True Guru.	(ਅਨੇਕਾਂ ਜਨਮਾਂ ਵਿਚ ਪਰਮਾਤਮਾ ਨਾਲੋਂ) ਮੁੜ ਮੁੜ ਵਿੱਛੁੜ ਕੇ ਜਿਹੜੇ ਮਨੁੱਖ (ਆਖ਼ਰ) ਗੁਰੂ ਦੇ ਡਰ-ਅਦਬ ਵਿਚ ਗੁਰੂ ਦੇ ਪ੍ਰੇਮ ਵਿਚ ਟਿਕ ਗਏ,
60077	1416	ਜਨਮ ਮਰਣ ਨਿਹਚਲੁ ਭਏ ਗੁਰਮੁਖਿ ਨਾਮੁ ਧਿਆਇ॥		Janam Maran Nihachal Bheae Guramukh Naam Dhhiaae ||	They escape the cycle of birth and death, and, as Gurmukh, they meditate on the Naam, the Name of the Lord.	ਉਹ ਗੁਰੂ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਜਨਮ ਮਰਨ ਦੇ ਗੇੜ ਵਲੋਂ ਅਡੋਲ ਹੋ ਗਏ।
60078	1416	ਗੁਰ ਸਾਧੂਸੰਗਤਿ ਮਿਲੈ ਹੀਰੇ ਰਤਨ ਲਭੰਨ੍ਹਿ॥	ਲ-ਭੰਨ੍ਹਿ	Gur Saadhhoo Sangath Milai Heerae Rathan Labhannih ||	Joining the Saadh Sangat, the Guru's Congregation, the diamonds and jewels are obtained.	ਜਿਨ੍ਹਾਂ ਮਨੁੱਖਾਂ ਨੂੰ ਸਾਧੂ ਗੁਰੂ ਦੀ ਸੰਗਤ ਹਾਸਲ ਹੋ ਜਾਂਦੀ ਹੈ, ਉਹ (ਉਸ ਸੰਗਤ ਵਿਚੋਂ) ਪਰਮਾਤਮਾ ਦੇ ਕੀਮਤੀ ਆਤਮਕ ਗੁਣ ਲੱਭ ਲੈਂਦੇ ਹਨ।

60079	1416	ਨਾਨਕ ਲਾਲੁ ਅਮੋਲਕਾ ਗੁਰਮੁਖਿ ਖੋਜਿ ਲਹੰਨਿ॥੩੦॥		Naanak Laal Amolakaa Guramukh Khoj Lehannih ||30||	O Nanak, the jewel is priceless; the Gurmukhs seek and find it. ||30||	ਹੇ ਨਾਨਕ! ਪਰਮਾਤਮਾ ਦਾ ਅੱਤ ਕੀਮਤੀ ਨਾਮ-ਹੀਰਾ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ (ਸੰਗਤ ਵਿਚੋਂ) ਖੋਜ ਕੇ ਹਾਸਲ ਕਰ ਲੈਂਦੇ ਹਨ ॥੩੦॥
60080	1416	ਮਨਮੁਖ ਨਾਮੁ ਨ ਚੇਤਿਓ ਧਿਗੁ ਜੀਵਣੁ ਧਿਗੁ ਵਾਸੁ॥		Manamukh Naam N Chaethiou Dhhig Jeevan Dhhig Vaas ||	The self-willed manmukhs do not even think of the Naam. Cursed are their lives, and cursed are their homes.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਨਹੀਂ ਸਿਮਰਿਆ, ਉਹਨਾਂ ਦਾ ਜੀਊਣਾ ਫਿਟਕਾਰ-ਜੋਗ, ਉਹਨਾਂ ਦਾ ਜਗਤ-ਵਸੇਬਾ ਫਿਟਕਾਰ-ਜੋਗ ਹੀ ਰਹਿੰਦਾ ਹੈ।
60081	1416	ਜਿਸ ਦਾ ਦਿਤਾ ਖਾਣਾ ਪੈਨਣਾ ਸੋ ਮਨਿ ਨ ਵਸਿਓ ਗੁਣਤਾਸੁ॥		Jis Dhaa Dhithaa Khaanaa Painanaa So Man N Vasiou Gunathaas ||	That Lord who gives them so much to eat and wear - they do not enshrine that Lord, the Treasure of Virtue, in their minds.	ਉਹਨਾਂ ਦੇ ਮਨ ਵਿਚ ਗੁਣਾਂ ਦਾ ਖ਼ਜ਼ਾਨਾ ਉਹ ਪ੍ਰਭੂ ਨਹੀਂ ਟਿਕਿਆ, ਜਿਸ ਦਾ ਦਿੱਤਾ ਅੰਨ ਅਤੇ ਕੱਪੜਾ ਉਹ ਵਰਤਦੇ ਰਹਿੰਦੇ ਹਨ।
60082	1416	ਇਹੁ ਮਨੁ ਸਬਦਿ ਨ ਭੇਦਿਓ ਕਿਉ ਹੋਵੈ ਘਰ ਵਾਸੁ॥		Eihu Man Sabadh N Bhaedhiou Kio Hovai Ghar Vaas ||	This mind is not pierced by the Word of the Shabad; how can it come to dwell in its true home?	ਉਹਨਾਂ ਦਾ ਇਹ ਮਨ (ਕਦੇ) ਗੁਰੂ ਦੇ ਸ਼ਬਦ ਵਿਚ ਨਹੀਂ ਜੁੜਦਾ। ਫਿਰ ਉਹਨਾਂ ਨੂੰ ਪ੍ਰਭੂ-ਚਰਨਾਂ ਦਾ ਨਿਵਾਸ ਕਿਵੇਂ ਹਾਸਲ ਹੋਵੇ?

60083	1416	ਮਨਮੁਖੀਆ ਦੋਹਾਗਣੀ ਆਵਣ ਜਾਣਿ ਮੁਈਆਸੁ॥		Manamukheeaa Dhohaaganee Aavan Jaan Mueeaas ||	The self-willed manmukhs are like discarded brides, ruined by coming and going in the cycle of reincarnation.	ਆਪਣੇ ਮਨ ਦੇ ਪਿੱਛੇ ਤੁਰਨ ਵਾਲੀਆਂ ਜੀਵ-ਇਸਤ੍ਰੀਆਂ ਬਦ-ਨਸੀਬ ਹੀ ਰਹਿੰਦੀਆਂ ਹਨ, ਉਹ ਜਨਮ-ਮਰਨ ਦੇ ਗੇੜ ਵਿਚ ਪਈਆਂ ਰਹਿੰਦੀਆਂ ਹਨ, ਉਹ ਸਦਾ ਆਤਮਕ ਮੌਤੇ ਮਰੀਆਂ ਰਹਿੰਦੀਆਂ ਹਨ।
60084	1416	ਗੁਰਮੁਖਿ ਨਾਮੁ ਸੁਹਾਗੁ ਹੈ ਮਸਤਕਿ ਮਣੀ ਲਿਖਿਆਸੁ॥		Guramukh Naam Suhaag Hai Masathak Manee Likhiaas ||	The Gurmukhs are embellished and exalted by the Naam, the Name of the Lord; the jewel of destiny is engraved upon their foreheads.	ਜਿਹੜੀਆਂ ਜੀਵ-ਇਸਤ੍ਰੀਆਂ ਗੁਰੂ ਦੇ ਸਨਮੁਖ ਹਨ (ਉਹਨਾਂ ਦੇ ਹਿਰਦੇ ਵਿਚ ਵੱਸਦਾ ਹਰਿ-) ਨਾਮ ਉਹਨਾਂ ਦੇ ਸਿਰ ਉਤੇ ਸੁਹਾਗ ਹੈ, ਉਹਨਾਂ ਦੇ ਮੱਥੇ ਉਤੇ ਟਿੱਕਾ ਲੱਗਾ ਹੋਇਆ ਹੈ।
60085	1416	ਹਰਿ ਹਰਿ ਨਾਮੁ ਉਰਿ ਧਾਰਿਆ ਹਰਿ ਹਿਰਦੈ ਕਮਲ ਪ੍ਰਗਾਸੁ॥		Har Har Naam Our Dhhaariaa Har Hiradhai Kamal Pragaas ||	They enshrine the Name of the Lord, Har, Har, within their hearts; the Lord illumines their heart-lotus.	ਗੁਰੂ ਦੇ ਸਨਮੁਖ ਰਹਿਣ ਵਾਲੀਆਂ ਨੇ ਪਰਮਾਤਮਾ ਦਾ ਨਾਮ ਸਦਾ ਆਪਣੇ ਹਿਰਦੇ ਵਿਚ ਵਸਾਇਆ ਹੁੰਦਾ ਹੈ ਉਹਨਾਂ ਦੇ ਹਿਰਦੇ ਦਾ ਕੌਲ-ਫੁੱਲ ਖਿੜਿਆ ਰਹਿੰਦਾ ਹੈ।
60086	1416	ਸਤਿਗੁਰੁ ਸੇਵਨਿ ਆਪਣਾ ਹਉ ਸਦ ਬਲਿਹਾਰੀ ਤਾਸੁ॥		Sathigur Saevan Aapanaa Ho Sadh Balihaaree Thaas ||	I am forever a sacrifice to those who serve their True Guru.	ਉਹ ਜੀਵ-ਇਸਤ੍ਰੀਆਂ ਸਦਾ ਆਪਣੇ ਗੁਰੂ ਦੀ ਸਰਨ ਪਈਆਂ ਰਹਿੰਦੀਆਂ ਹਨ। ਮੈਂ ਉਹਨਾਂ ਤੋਂ ਸਦਾ ਸਦਕੇ ਹਾਂ।

60087	1416	ਨਾਨਕ ਤਿਨ ਮੁਖ ਉਜਲੇ ਜਿਨ ਅੰਤਰਿ ਨਾਮੁ ਪ੍ਰਗਾਸੁ॥੩੧॥		Naanak Thin Mukh Oujalae Jin Anthar Naam Pragaas ||31||	O Nanak, radiant and bright are the faces of those whose inner beings are illuminated with the Light of the Naam. ||31||	ਹੇ ਨਾਨਕ! ਜਿਨ੍ਹਾਂ ਦੇ ਹਿਰਦੇ ਵਿਚ (ਪਰਮਾਤਮਾ ਦਾ) ਨਾਮ (ਆਤਮਕ ਜੀਵਨ ਦਾ) ਚਾਨਣ (ਕਰੀ ਰੱਖਦਾ) ਹੈ ਉਹਨਾਂ ਦੇ ਮੂੰਹ (ਲੋਕ ਪਰਲੋਕ ਵਿਚ) ਰੌਸ਼ਨ ਰਹਿੰਦੇ ਹਨ ॥੩੧॥
60088	1416	ਸਬਦਿ ਮਰੈ ਸੋਈ ਜਨੁ ਸਿਝੈ ਬਿਨੁ ਸਬਦੈ ਮੁਕਤਿ ਨ ਹੋਈ॥		Sabadh Marai Soee Jan Sijhai Bin Sabadhai Mukath N Hoee ||	Those who die in the Word of the Shabad are saved. Without the Shabad, no one is liberated.	(ਜਿਹੜਾ ਮਨੁੱਖ ਗੁਰੂ ਦੇ) ਸ਼ਬਦ ਦੀ ਰਾਹੀਂ (ਵਿਕਾਰਾਂ ਵਲੋਂ) ਮਰਦਾ ਹੈ ਉਹ ਮਨੁੱਖ ਹੀ (ਜ਼ਿੰਦਗੀ ਵਿਚ) ਕਾਮਯਾਬ ਹੁੰਦਾ ਹੈ। (ਗੁਰੂ ਦੇ) ਸ਼ਬਦ ਤੋਂ ਬਿਨਾ ਵਿਕਾਰਾਂ ਤੋਂ ਖ਼ਲਾਸੀ ਨਹੀਂ ਹੁੰਦੀ।
60089	1416	ਭੇਖ ਕਰਹਿ ਬਹੁ ਕਰਮ ਵਿਗੁਤੇ ਭਾਇ ਦੂਜੈ ਪਰਜ ਵਿਗੋਈ॥	ਵਿ-ਗੁਤੇ	Bhaekh Karehi Bahu Karam Viguthae Bhaae Dhoojai Paraj Vigoee ||	They wear religious robes and perform all sorts of rituals, but they are ruined; in the love of duality, their world is ruined.	ਜਿਹੜੇ ਮਨੁੱਖ ਨਿਰੇ ਵਿਖਾਵੇ ਦੇ ਧਾਰਮਿਕ ਪਹਿਰਾਵੇ ਹਨ ਅਤੇ ਵਿਖਾਵੇ ਦੇ ਹੀ ਧਾਰਮਿਕ ਕਰਮ ਕਰਦੇ ਹਨ, ਉਹ ਖ਼ੁਆਰ ਹੁੰਦੇ ਰਹਿੰਦੇ ਹਨ। ਮਾਇਆ ਦੇ ਮੋਹ ਵਿਚ ਫਸੇ ਰਹਿ ਕੇ ਦੁਨੀਆ ਖ਼ੁਆਰ ਹੁੰਦੀ ਹੈ।
60090	1416	ਨਾਨਕ ਬਿਨੁ ਸਤਿਗੁਰ ਨਾਉ ਨ ਪਾਈਐ ਜੇ ਸਉ ਲੋਚੈ ਕੋਈ॥੩੨॥		Naanak Bin Sathigur Naao N Paaeeai Jae So Lochai Koee ||32||	O Nanak, without the True Guru, the Name is not obtained, even though one may long for it hundreds of times. ||32||	ਹੇ ਨਾਨਕ! (ਆਖ-ਹੇ ਭਾਈ!) ਗੁਰੂ ਦੀ ਸਰਨ ਪੈਣ ਤੋਂ ਬਿਨਾ ਪਰਮਾਤਮਾ ਦਾ ਨਾਮ ਨਹੀਂ ਮਿਲਦਾ, ਭਾਵੇਂ ਕੋਈ ਮਨੁੱਖ ਸੌ ਵਾਰੀ ਤਾਂਘ ਪਿਆ ਕਰੇ ॥੩੨॥

60091	1416	ਹਰਿ ਕਾ ਨਾਉ ਅਤਿ ਵਡ ਊਚਾ ਊਚੀ ਹੂ ਊਚਾ ਹੋਈ॥		Har Kaa Naao Ath Vadd Oochaa Oochee Hoo Oochaa Hoee ||	The Name of the Lord is utterly great, lofty and high, the highest of the high.	ਪਰਮਾਤਮਾ ਦਾ ਨਾਮਣਾ ਬਹੁਤ ਵੱਡਾ ਹੈ, ਬੇਅੰਤ ਉੱਚਾ ਹੈ।
60092	1416	ਅਪੜਿ ਕੋਇ ਨ ਸਕਈ ਜੇ ਸਉ ਲੋਚੈ ਕੋਈ॥		Aparr Koe N Sakee Jae So Lochai Koee ||	No one can climb up to it, even though one may long for it, hundreds of times.	ਭਾਵੇਂ ਕੋਈ ਮਨੁੱਖ ਸੌ ਵਾਰੀ ਤਾਂਘ ਕਰੇ, ਉਸ ਦੇ ਨਾਮਣੇ ਤਕ ਕੋਈ ਪਹੁੰਚ ਨਹੀਂ ਸਕਦਾ।
60093	1416	ਮੁਖਿ ਸੰਜਮ ਹਛਾ ਨ ਹੋਵਈ ਕਰਿ ਭੇਖ ਭਵੈ ਸਭ ਕੋਈ॥		Mukh Sanjam Hashhaa N Hovee Kar Bhaekh Bhavai Sabh Koee ||	Speaking about self-discipline, no one become pure; everyone walks around wearing religious robes.	ਹਰੇਕ ਸਾਧੂ ਧਾਰਮਿਕ ਪਹਿਰਾਵਾ ਪਹਿਨ ਕੇ ਤਾਂ ਪਿਆ ਫਿਰਦਾ ਹੈ (ਤੇ ਸਮਝਦਾ ਹੋਵੇਗਾ ਕਿ ਇਸ ਤਰ੍ਹਾਂ ਉੱਚੇ ਜੀਵਨ ਵਿਚ ਮੈਂ ਪਰਮਾਤਮਾ ਦੀ ਉੱਚਤਾ ਤਕ ਪਹੁੰਚ ਗਿਆ ਹਾਂ, ਪਰ) ਇੰਦ੍ਰਿਆਂ ਨੂੰ ਵੱਸ ਕਰਨ ਦੀਆਂ ਨਿਰੀਆਂ ਜ਼ਬਾਨੀ ਗੱਲਾਂ ਕੀਤਿਆਂ ਕੋਈ ਮਨੁੱਖ ਸੁੱਚੇ ਜੀਵਨ ਵਾਲਾ ਨਹੀਂ ਬਣ ਜਾਂਦਾ।
60094	1416	ਗੁਰ ਕੀ ਪਉੜੀ ਜਾਇ ਚੜੈ ਕਰਮਿ ਪਰਾਪਤਿ ਹੋਈ॥	ਚੜ੍ਹੈ	Gur Kee Pourree Jaae Charrai Karam Paraapath Hoee ||	Those blessed by the karma of good deeds go and climb the ladder of the Guru.	(ਗੁਰੂ ਦਾ ਸ਼ਬਦ ਹੀ ਹੈ) ਗੁਰੂ ਦੀ (ਦੱਸੀ ਹੋਈ) ਪੌੜੀ (ਜਿਸ ਦੀ ਸਹਾਇਤਾ ਨਾਲ ਮਨੁੱਖ ਪ੍ਰਭੂ ਦੇ ਚਰਨਾਂ ਤਕ) ਜਾ ਪਹੁੰਚਦਾ ਹੈ, (ਪਰ ਇਹ 'ਗੁਰ ਕੀ ਪਉੜੀ' ਪਰਮਾਤਮਾ ਦੀ) ਮਿਹਰ ਨਾਲ ਹੀ ਮਿਲਦੀ ਹੈ।

60095	1416	ਅੰਤਰਿ ਆਇ ਵਸੈ ਗੁਰ ਸਬਦੁ ਵੀਚਾਰੈ ਕੋਇ॥		Anthar Aae Vasai Gur Sabadh Veechaarai Koe ||	The Lord comes and dwells within that one who contemplates the Word of the Guru's Shabad.	ਜਿਹੜਾ ਕੋਈ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਮਨ ਵਿਚ ਵਸਾਂਦਾ ਹੈ ਉਸ ਦੇ ਅੰਦਰ ਪਰਮਾਤਮਾ ਆ ਵੱਸਦਾ ਹੈ।
60096	1417	ਨਾਨਕ ਸਬਦਿ ਮਰੈ ਮਨੁ ਮਾਨੀਐ ਸਾਚੇ ਸਾਚੀ ਸੋਇ॥੩੩॥		Naanak Sabadh Marai Man Maaneeai Saachae Saachee Soe ||33||	O Nanak, when someone dies in the Word of the Shabad, the mind is pleased and appeased. True is the reputation of those who are true. ||33||	ਹੇ ਨਾਨਕ! (ਜਿਹੜਾ ਮਨੁੱਖ ਗੁਰੂ ਦੇ) ਸ਼ਬਦ ਦੀ ਰਾਹੀਂ (ਵਿਕਾਰਾਂ ਵਲੋਂ) ਮਰਦਾ ਹੈ, ਉਸ ਦਾ ਮਨ (ਪਰਮਾਤਮਾ ਦੀ ਯਾਦ ਵਿਚ) ਗਿੱਝ ਜਾਂਦਾ ਹੈ, ਸਦਾ-ਥਿਰ ਪ੍ਰਭੂ ਵਿਚ ਲੀਨ ਰਿਹਾਂ ਉਸ ਨੂੰ ਸਦਾ ਕਾਇਮ ਰਹਿਣ ਵਾਲੀ ਸੋਭਾ ਮਿਲਦੀ ਹੈ ॥੩੩॥
60097	1417	ਮਾਇਆ ਮੋਹੁ ਦੁਖੁ ਸਾਗਰੁ ਹੈ ਬਿਖੁ ਦੁਤਰੁ ਤਰਿਆ ਨ ਜਾਇ॥	ਦੁੱਤ-ਰੁ	Maaeiaa Mohu Dhukh Saagar Hai Bikh Dhuthar Thariaa N Jaae ||	Emotional attachment to Maya is a treacherous ocean of pain and poison, which cannot be crossed.	ਮਾਇਆ ਦਾ ਮੋਹ (ਮਨੁੱਖ ਦੀ ਜਿੰਦ ਵਾਸਤੇ) ਦੁੱਖ (ਦਾ ਮੂਲ) ਹੈ (ਮਾਨੋ, ਦੁੱਖਾਂ ਦਾ) ਸਮੁੰਦਰ ਹੈ, ਆਤਮਕ ਮੌਤ ਲਿਆਉਣ ਵਾਲੀ ਜ਼ਹਰ (-ਭਰਿਆ ਸਮੁੰਦਰ) ਹੈ, ਇਸ ਵਿਚੋਂ ਪਾਰ ਲੰਘਣਾ ਬਹੁਤ ਔਖਾ ਹੈ, ਪਾਰ ਲੰਘਿਆ ਨਹੀਂ ਜਾ ਸਕਦਾ।

60098	1417	ਮੇਰਾ ਮੇਰਾ ਕਰਦੇ ਪਚਿ ਮੁਏ ਹਉਮੈ ਕਰਤ ਵਿਹਾਇ॥		Maeraa Maeraa Karadhae Pach Mueae Houmai Karath Vihaae ||	Screaming, ""Mine, mine!"", they rot and die; they pass their lives in egotism.	'ਮੇਰਾ (ਧਨ), ਮੇਰਾ (ਧਨ)' ਆਖਦੇ (ਜੀਵ ਤ੍ਰਿਸ਼ਨਾ ਦੀ ਅੱਗ ਵਿਚ) ਸੜ ਸੜ ਕੇ ਆਤਮਕ ਮੌਤ ਸਹੇੜੀ ਰੱਖਦੇ ਹਨ, 'ਹਉਂ, ਹਉਂ' ਕਰਦਿਆਂ (ਜੀਵਾਂ ਦੀ ਉਮਰ) ਗੁਜ਼ਰਦੀ ਹੈ।
60099	1417	ਮਨਮੁਖਾ ਉਰਵਾਰੁ ਨ ਪਾਰੁ ਹੈ ਅਧ ਵਿਚਿ ਰਹੇ ਲਪਟਾਇ॥		Manamukhaa Ouravaar N Paar Hai Adhh Vich Rehae Lapattaae ||	The self-willed manmukhs are in limbo, neither on this side, nor the other; they are stuck in the middle.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਨੂੰ (ਮੋਹ ਦੇ ਸਮੁੰਦਰ ਦਾ) ਨਾਹ ਉਰਲਾ ਕੰਢਾ ਲੱਭਦਾ ਹੈ ਨਾਂਹ ਪਾਰਲਾ ਕੰਢਾ। (ਇਸ ਸਮੁੰਦਰ ਦੇ) ਅੱਧ ਵਿਚ ਹੀ (ਗੋਤੇ ਖਾਂਦੇ ਮੋਹ ਨਾਲ) ਚੰਬੜੇ ਰਹਿੰਦੇ ਹਨ।
60100	1417	ਜੋ ਧੁਰਿ ਲਿਖਿਆ ਸੁ ਕਮਾਵਣਾ ਕਰਣਾ ਕਛੂ ਨ ਜਾਇ॥		Jo Dhhur Likhiaa S Kamaavanaa Karanaa Kashhoo N Jaae ||	They act as they are pre-destined; they cannot do anything else.	ਪਰ ਜੀਵ ਭੀ ਕੀਹ ਕਰਨ? ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ) ਧੁਰ ਦਰਗਾਹ ਤੋਂ ਜਿਹੜਾ ਲੇਖ (ਜੀਵ ਦੇ ਮੱਥੇ ਉੱਤੇ) ਲਿਖਿਆ ਜਾਂਦਾ ਹੈ, ਉਹ ਲੇਖ ਕਮਾਣਾ ਹੀ ਪੈਂਦਾ ਹੈ (ਆਪਣੀ ਅਕਲ ਦੇ ਆਸਰੇ ਉਸ ਲੇਖ ਤੋਂ ਬਚਣ ਲਈ) ਕੋਈ ਉੱਦਮ ਨਹੀਂ ਕੀਤਾ ਜਾ ਸਕਦਾ।

60101	1417	ਗੁਰਮਤੀ ਗਿਆਨੁ ਰਤਨੁ ਮਨਿ ਵਸੈ ਸਭ ਦੇਖਿਆ ਬ੍ਰਹਮੁ ਸੁਭਾਇ॥		Guramathee Giaan Rathan Man Vasai Sabh Dhaekhiaa Breham Subhaae ||	Following the Guru's Teachings, the jewel of spiritual wisdom abides in the mind, and then God is easily seen in all.	ਗੁਰੂ ਦੀ ਮੱਤ ਤੁਰ ਕੇ (ਜਿਸ ਮਨੁੱਖ ਦੇ) ਮਨ ਵਿਚ ਪਰਮਾਤਮਾ ਨਾਲ ਬਣੀ ਡੂੰਘੀ ਸਾਂਝ (ਦਾ) ਰਤਨ ਆ ਵੱਸਦਾ ਹੈ, ਪ੍ਰਭੂ-ਪ੍ਰੇਮ ਦੀ ਰਾਹੀਂ ਉਹ ਮਨੁੱਖ ਸਾਰੀ ਲੁਕਾਈ ਵਿਚ ਪ੍ਰਭੂ ਨੂੰ ਹੀ ਵੇਖਦਾ ਹੈ।
60102	1417	ਨਾਨਕ ਸਤਿਗੁਰਿ ਬੋਹਿਥੈ ਵਡਭਾਗੀ ਚੜੈ ਤੇ ਭਉਜਲਿ ਪਾਰਿ ਲੰਘਾਇ॥੩੪॥	ਚੜੈ	Naanak Sathigur Bohithhai Vaddabhaagee Charrai Thae Bhoujal Paar Langhaae ||34||	O Nanak, the very fortunate ones embark on the Boat of the True Guru; they are carried across the terrifying world-ocean. ||34||	ਹੇ ਨਾਨਕ! ਵੱਡੇ ਭਾਗਾਂ ਨਾਲ ਹੀ (ਕੋਈ ਮਨੁੱਖ) ਗੁਰੂ-ਜਹਾਜ਼ ਵਿਚ ਸਵਾਰ ਹੁੰਦਾ ਹੈ (ਤੇ, ਜਿਹੜੇ ਮਨੁੱਖ ਗੁਰੂ-ਜਹਾਜ਼ ਵਿਚ ਚੜ੍ਹਦੇ ਹਨ, ਗੁਰੂ ਦੇ ਦੱਸੇ ਰਾਹ ਉਤੇ ਤੁਰਦੇ ਹਨ) ਉਹਨਾਂ ਸੰਸਾਰ-ਸਮੁੰਦਰ ਵਿਚ (ਡੁੱਬਦਿਆਂ ਨੂੰ ਗੁਰੂ) ਪਾਰ ਲੰਘਾ ਲੈਂਦਾ ਹੈ ॥੩੪॥
60103	1417	ਬਿਨੁ ਸਤਿਗੁਰ ਦਾਤਾ ਕੋ ਨਹੀ ਜੋ ਹਰਿ ਨਾਮੁ ਦੇਇ ਆਧਾਰੁ॥		Bin Sathigur Dhaathaa Ko Nehee Jo Har Naam Dhaee Aadhhaar ||	Without the True Guru, there is no giver who can bestow the Support of the Lord's Name.	ਗੁਰੂ ਤੋਂ ਬਿਨਾ (ਪਰਮਾਤਮਾ ਦੇ ਨਾਮ ਦੀ) ਦਾਤ ਦੇਣ ਵਾਲਾ ਹੋਰ ਕੋਈ ਨਹੀਂ ਹੈ, ਉਹ ਗੁਰੂ ਹੀ ਪਰਮਾਤਮਾ ਦਾ ਨਾਮ (ਜਿੰਦ ਲਈ) ਆਸਰਾ ਦੇਂਦਾ ਹੈ।
60104	1417	ਗੁਰ ਕਿਰਪਾ ਤੇ ਨਾਉ ਮਨਿ ਵਸੈ ਸਦਾ ਰਹੈ ਉਰਿ ਧਾਰਿ॥		Gur Kirapaa Thae Naao Man Vasai Sadhaa Rehai Our Dhhaar ||	By Guru's Grace, the Name comes to dwell in the mind; keep it enshrined in your heart.	ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ (ਮਨੁੱਖ ਦੇ) ਮਨ ਵਿਚ ਆ ਵੱਸਦਾ ਹੈ, (ਮਨੁੱਖ ਹਰਿ-ਨਾਮ ਨੂੰ ਆਪਣੇ) ਹਿਰਦੇ ਵਿਚ ਵਸਾਈ ਰੱਖਦਾ ਹੈ।

60105	1417	ਤਿਸਨਾ ਬੁਝੈ ਤਿਪਤਿ ਹੋਇ ਹਰਿ ਕੈ ਨਾਇ ਪਿਆਰਿ॥	ਬੁਝੈ: ਪੋਲਾ ਬੋਲੋ	Thisanaa Bujhai Thipath Hoe Har Kai Naae Piaar ||	The fire of desire is extinguished, and one finds satisfaction, through the Love of the Name of the Lord.	ਹਰੀ ਦੇ ਨਾਮ ਦੀ ਰਾਹੀਂ, ਹਰੀ ਦੇ ਪਿਆਰ ਦੀ ਰਾਹੀਂ (ਮਨੁੱਖ ਦੇ ਅੰਦਰੋਂ) ਤ੍ਰਿਸ਼ਨਾ (ਦੀ ਅੱਗ) ਬੁੱਝ ਜਾਂਦੀ ਹੈ, (ਮਨੁੱਖ ਦੇ ਅੰਦਰ ਮਾਇਆ ਵਲੋਂ) ਤ੍ਰਿਪਤੀ ਹੋ ਜਾਂਦੀ ਹੈ।
60106	1417	ਨਾਨਕ ਗੁਰਮੁਖਿ ਪਾਈਐ ਹਰਿ ਅਪਨੀ ਕਿਰਪਾ ਧਾਰਿ॥੩੫॥		Naanak Guramukh Paaeeai Har Apanee Kirapaa Dhhaar ||35||	O Nanak, the Gurmukh finds the Lord, when He showers His Mercy. ||35||	ਹੇ ਨਾਨਕ! ਗੁਰੂ ਦੀ ਸਰਨ ਪਿਆਂ (ਪਰਮਾਤਮਾ ਦਾ ਨਾਮ) ਪ੍ਰਾਪਤ ਹੋ ਜਾਂਦਾ ਹੈ। (ਗੁਰੂ ਦੀ ਸਰਨ ਪਿਆਂ) ਪਰਮਾਤਮਾ (ਸੇਵਕ ਉੱਤੇ) ਆਪਣੀ ਮਿਹਰ ਕਰਦਾ ਹੈ ॥੩੫॥
60107	1417	ਬਿਨੁ ਸਬਦੈ ਜਗਤੁ ਬਰਲਿਆ ਕਹਣਾ ਕਛੂ ਨ ਜਾਇ॥	ਜੱਗਤੁ	Bin Sabadhai Jagath Baraliaa Kehanaa Kashhoo N Jaae ||	Without the Shabad, the world is so insane, that it cannot even be described.	ਗੁਰੂ ਦੇ ਸ਼ਬਦ ਤੋਂ ਵਾਂਜਿਆਂ ਰਹਿ ਕੇ ਜਗਤ (ਮਾਇਆ ਦੇ ਪਿੱਛੇ) ਝੱਲਾ ਹੋਇਆ ਫਿਰਦਾ ਹੈ, ਕਿਸੇ ਦੀ ਕੋਈ ਪੇਸ਼ ਨਹੀਂ ਜਾਂਦੀ।
60108	1417	ਹਰਿ ਰਖੇ ਸੇ ਉਬਰੇ ਸਬਦਿ ਰਹੇ ਲਿਵ ਲਾਇ॥		Har Rakhae Sae Oubarae Sabadh Rehae Liv Laae ||	Those who are protected by the Lord are saved; they remain lovingly attuned to the Word of the Shabad.	ਜਿਨ੍ਹਾਂ ਦੀ ਰੱਖਿਆ ਪਰਮਾਤਮਾ ਨੇ ਆਪ ਕੀਤੀ, ਉਹ (ਮਾਇਆ ਦੇ ਅਸਰ ਤੋਂ) ਬਚ ਗਏ, ਉਹ ਮਨੁੱਖ ਗੁਰੂ ਦੇ ਸ਼ਬਦ ਵਿਚ ਸੁਰਤ ਜੋੜੀ ਰੱਖਦੇ ਹਨ।

60109	1417	ਨਾਨਕ ਕਰਤਾ ਸਭ ਕਿਛੁ ਜਾਣਦਾ ਜਿਨਿ ਰਖੀ ਬਣਤ ਬਣਾਇ॥੩੬॥		Naanak Karathaa Sabh Kishh Jaanadhaa Jin Rakhee Banath Banaae ||36||	O Nanak, the Creator who made this making knows everything. ||36||	ਹੇ ਨਾਨਕ! ਜਿਸ (ਕਰਤਾਰ) ਨੇ ਇਹ ਸਾਰੀ ਮਰਯਾਦਾ ਕਾਇਮ ਕਰ ਰੱਖੀ ਹੈ, ਉਹ ਹੀ ਇਸ ਸਾਰੇ ਭੇਤ ਨੂੰ ਜਾਣਦਾ ਹੈ ॥੩੬॥
60110	1417	ਹੋਮ ਜਗ ਸਭਿ ਤੀਰਥਾ ਪੜ੍ਹਿ ਪੰਡਿਤ ਥਕੇ ਪੁਰਾਣ॥	ਜੱਗ	Hom Jag Sabh Theerathhaa Parrih Panddith Thhakae Puraan ||	The Pandits, the religious scholars, have grown weary of making fire-offerings and sacrifices, making pilgrimages to all the sacred shrines, and reading the Puraanas.	ਪੰਡਿਤ ਲੋਕ ਹਵਨ ਕਰ ਕੇ, ਜੱਗ ਕਰ ਕੇ, ਸਾਰੇ ਤੀਰਥ-ਇਸ਼ਨਾਨ ਕਰ ਕੇ, ਪੁਰਾਣ (ਆਦਿਕ ਧਰਮ-ਪੁਸਤਕ) ਪੜ੍ਹ ਕੇ ਥੱਕ ਜਾਂਦੇ ਹਨ,
60111	1417	ਬਿਖੁ ਮਾਇਆ ਮੋਹੁ ਨ ਮਿਟਈ ਵਿਚਿ ਹਉਮੈ ਆਵਣੁ ਜਾਣੁ॥		Bikh Maaeiaa Mohu N Mittee Vich Houmai Aavan Jaan ||	But they cannot get rid of the poison of emotional attachment to Maya; they continue to come and go in egotism.	(ਪਰ, ਫਿਰ ਭੀ) ਆਤਮਕ ਮੌਤ ਲਿਆਉਣ ਵਾਲੀ ਮਾਇਆ-ਜ਼ਹਰ ਦਾ ਮੋਹ (ਉਹਨਾਂ ਦੇ ਅੰਦਰੋਂ) ਮਿਟਦਾ ਨਹੀਂ, ਹਉਮੈ ਵਿਚ (ਫਸੇ ਰਹਿਣ ਦੇ ਕਾਰਣ ਉਹਨਾਂ ਦਾ) ਜਨਮ ਮਰਨ (ਦਾ ਗੇੜ ਬਣਿਆ ਰਹਿੰਦਾ ਹੈ)।

60112	1417	ਸਤਿਗੁਰ ਮਿਲਿਐ ਮਲੁ ਉਤਰੀ ਹਰਿ ਜਪਿਆ ਪੁਰਖੁ ਸੁਜਾਣੁ॥		Sathigur Miliai Mal Outharee Har Japiaa Purakh Sujaan ||	Meeting with the True Guru, one's filth is washed off, meditating on the Lord, the Primal Being, the All-knowing One.	ਪਰ, ਜੇ ਗੁਰੂ ਮਿਲ ਪਏ (ਤਾਂ ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਨੇ) ਅੰਤਰਜਾਮੀ ਅਕਾਲ ਪੁਰਖ ਦਾ ਨਾਮ ਜਪਿਆ (ਉਸ ਦੇ ਅੰਦਰੋਂ ਵਿਕਾਰਾਂ ਦੀ) ਮੈਲ ਲਹਿ ਗਈ।
60113	1417	ਜਿਨਾ ਹਰਿ ਹਰਿ ਪ੍ਰਭੁ ਸੇਵਿਆ ਜਨ ਨਾਨਕੁ ਸਦ ਕੁਰਬਾਣੁ॥੩੭॥		Jinaa Har Har Prabh Saeviaa Jan Naanak Sadh Kurabaan ||37||	Servant Nanak is forever a sacrifice to those who serve their Lord God. ||37||	ਦਾਸ ਨਾਨਕ ਉਹਨਾਂ ਮਨੁੱਖਾਂ ਤੋਂ ਸਦਾ ਸਦਕੇ ਜਾਂਦਾ ਹੈ, ਜਿਨ੍ਹਾਂ ਨੇ ਸਦਾ ਪਰਮਾਤਮਾ ਦੀ ਸੇਵਾ ਭਗਤੀ ਕੀਤੀ ॥੩੭॥
60114	1417	ਮਾਇਆ ਮੋਹੁ ਬਹੁ ਚਿਤਵਦੇ ਬਹੁ ਆਸਾ ਲੋਭੁ ਵਿਕਾਰ॥		Maaeiaa Mohu Bahu Chithavadhae Bahu Aasaa Lobh Vikaar ||	Mortals give great thought to Maya and emotional attachment; they harbor great hopes, in greed and corruption.	(ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ) ਸਦਾ ਮਾਇਆ ਦਾ ਮੋਹ ਹੀ ਚੇਤੇ ਕਰਦੇ ਰਹਿੰਦੇ ਹਨ, ਅਨੇਕਾਂ ਆਸਾਂ ਬਣਾਂਦੇ ਰਹਿੰਦੇ ਹਨ, ਲੋਭ ਚਿਤਵਦੇ ਹਨ, ਵਿਕਾਰ ਚਿਤਵਦੇ ਰਹਿੰਦੇ ਹਨ।
60115	1417	ਮਨਮੁਖਿ ਅਸਥਿਰੁ ਨਾ ਥੀਐ ਮਰਿ ਬਿਨਸਿ ਜਾਇ ਖਿਨ ਵਾਰ॥		Manamukh Asathhir Naa Thheeai Mar Binas Jaae Khin Vaar ||	The self-willed manmukhs do not become steady and stable; they die and are gone in an instant.	(ਤਾਹੀਏਂ) ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਕਦੇ) ਅਡੋਲ-ਚਿੱਤ ਨਹੀਂ ਹੁੰਦਾ, ਉਹ ਹਰ ਵੇਲੇ ਆਤਮਕ ਮੌਤੇ ਮਰਦਾ ਰਹਿੰਦਾ ਹੈ।

60116	1417	ਵਡਭਾਗੁ ਹੋਵੈ ਸਤਿਗੁਰੁ ਮਿਲੈ ਹਉਮੈ ਤਜੈ ਵਿਕਾਰ॥		Vadd Bhaag Hovai Sathigur Milai Houmai Thajai Vikaar ||	Only those who are blessed with great good fortune meet the True Guru, and leave behind their egotism and corruption.	ਜਿਸ ਮਨੁੱਖ ਦੀ ਕਿਸਮਤ ਜਾਗ ਪਏ, ਉਸ ਨੂੰ ਗੁਰੂ ਮਿਲ ਪੈਂਦਾ ਹੈ, ਉਹ ਮਨੁੱਖ ਹਉਮੈ ਤਿਆਗ ਦੇਂਦਾ ਹੈ, ਵਿਕਾਰ ਛੱਡ ਦੇਂਦਾ ਹੈ।
60117	1417	ਹਰਿ ਨਾਮਾ ਜਪਿ ਸੁਖੁ ਪਾਇਆ ਜਨ ਨਾਨਕ ਸਬਦੁ ਵੀਚਾਰ॥੩੮॥		Har Naamaa Jap Sukh Paaeiaa Jan Naanak Sabadh Veechaar ||38||	Chanting the Name of the Lord, they find peace; servant Nanak contemplates the Word of the Shabad. ||38||	ਹੇ ਨਾਨਕ! ਜਿਹੜੇ ਮਨੁੱਖਾਂ ਨੇ ਗੁਰੂ ਦੇ ਸ਼ਬਦ ਨੂੰ (ਆਪਣੀ) ਸੋਚ ਦਾ ਧੁਰਾ ਬਣਾ ਲਿਆ, ਉਹ ਪਰਮਾਤਮਾ ਦਾ ਨਾਮ ਜਪ ਕੇ ਆਤਮਕ ਆਨੰਦ ਮਾਣਨ ਲੱਗ ਪਏ ॥੩੮॥
60118	1417	ਬਿਨੁ ਸਤਿਗੁਰ ਭਗਤਿ ਨ ਹੋਵਈ ਨਾਮਿ ਨ ਲਗੈ ਪਿਆਰੁ॥		Bin Sathigur Bhagath N Hovee Naam N Lagai Piaar ||	Without the True Guru, there is no devotional worship, and no love of the Naam, the Name of the Lord.	ਗੁਰੂ (ਦੀ ਸਰਨ ਪੈਣ) ਤੋਂ ਬਿਨਾ (ਪਰਮਾਤਮਾ ਦੀ) ਭਗਤੀ ਨਹੀਂ ਹੋ ਸਕਦੀ, (ਪਰਮਾਤਮਾ ਦੇ) ਨਾਮ ਵਿਚ ਪਿਆਰ ਨਹੀਂ ਬਣ ਸਕਦਾ।
60119	1417	ਜਨ ਨਾਨਕ ਨਾਮੁ ਅਰਾਧਿਆ ਗੁਰ ਕੈ ਹੇਤਿ ਪਿਆਰਿ॥੩੯॥		Jan Naanak Naam Araadhhiaa Gur Kai Haeth Piaar ||39||	Servant Nanak worships and adores the Naam, with love and affection for the Guru. ||39||	ਹੇ ਦਾਸ ਨਾਨਕ! (ਆਖ-ਹੇ ਭਾਈ!) ਗੁਰੂ ਦੇ ਪ੍ਰੇਮ-ਪਿਆਰ ਵਿਚ (ਰਹਿ ਕੇ ਹੀ ਪਰਮਾਤਮਾ ਦਾ ਨਾਮ) ਸਿਮਰਿਆ ਜਾ ਸਕਦਾ ਹੈ ॥੩੯॥
60120	1417	ਲੋਭੀ ਕਾ ਵੇਸਾਹੁ ਨ ਕੀਜੈ ਜੇ ਕਾ ਪਾਰਿ ਵਸਾਇ॥	(ਵਸਾਇ) ਵਾਹ। ਚੱਲੇ	Lobhee Kaa Vaesaahu N Keejai Jae Kaa Paar Vasaae ||	Do not trust greedy people, if you can avoid doing so.	ਜਿੱਥੋਂ ਤਕ ਹੋ ਸਕੇ, ਕਿਸੇ ਲਾਲਚੀ ਮਨੁੱਖ ਦਾ ਇਤਬਾਰ ਨਹੀਂ ਕਰਨਾ ਚਾਹੀਦਾ,

60121	1417	ਅੰਤਿ ਕਾਲਿ ਤਿਥੈ ਧੁਹੈ ਜਿਥੈ ਹਥੁ ਨ ਪਾਇ॥		Anth Kaal Thithhai Dhuhai Jithhai Hathh N Paae ||	At the very last moment, they will deceive you there, where no one will be able to lend a helping hand.	(ਲਾਲਚੀ ਮਨੁੱਖ) ਆਖ਼ਰ ਉਸ ਥਾਂ ਧੋਖਾ ਦੇ ਜਾਂਦਾ ਹੈ, ਜਿੱਥੇ ਕੋਈ ਮਦਦ ਨਾਹ ਕਰ ਸਕੇ।
60122	1417	ਮਨਮੁਖ ਸੇਤੀ ਸੰਗੁ ਕਰੇ ਮੁਹਿ ਕਾਲਖ ਦਾਗੁ ਲਗਾਇ॥		Manamukh Saethee Sang Karae Muhi Kaalakh Dhaag Lagaae ||	Whoever associates with the self-willed manmukhs, will have his face blackened and dirtied.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨਾਲ (ਜਿਹੜਾ ਮਨੁੱਖ) ਸਾਥ ਬਣਾਈ ਰੱਖਦਾ ਹੈ, (ਉਹ ਭੀ (ਆਪਣੇ) ਮੂੰਹ ਉਤੇ (ਬਦਨਾਮੀ ਦੀ) ਕਾਲਖ ਲਾਂਦਾ ਹੈ (ਬਦਨਾਮੀ ਦਾ) ਦਾਗ਼ ਲਾਂਦਾ ਹੈ।
60123	1417	ਮੁਹ ਕਾਲੇ ਤਿਨ੍ਹ ਲੋਭੀਆਂ ਜਾਸਨਿ ਜਨਮੁ ਗਵਾਇ॥		Muh Kaalae Thinh Lobheeaaan Jaasan Janam Gavaae ||	Black are the faces of those greedy people; they lose their lives, and leave in disgrace.	ਉਹਨਾਂ ਲਾਲਚੀ ਮਨੁੱਖਾਂ ਦੇ ਮੂੰਹ (ਬਦਨਾਮੀ ਦੀ ਕਾਲਖ ਨਾਲ) ਕਾਲੇ ਹੋਏ ਰਹਿੰਦੇ ਹਨ, ਉਹ ਮਨੁੱਖਾ ਜਨਮ ਵਿਅਰਥ ਗਵਾ ਕੇ (ਜਗਤ ਤੋਂ) ਜਾਂਦੇ ਹਨ।
60124	1417	ਸਤਸੰਗਤਿ ਹਰਿ ਮੇਲਿ ਪ੍ਰਭ ਹਰਿ ਨਾਮੁ ਵਸੈ ਮਨਿ ਆਇ॥		Sathasangath Har Mael Prabh Har Naam Vasai Man Aae ||	O Lord, let me join the Sat Sangat, the True Congregation; may the Name of the Lord God abide in my mind.	ਹੇ ਪ੍ਰਭੂ! (ਆਪਣੀ) ਸਾਧ ਸੰਗਤ ਵਿਚ ਮਿਲਾਈ ਰੱਖ (ਸਾਧ ਸੰਗਤ ਵਿਚ ਰਿਹਾਂ ਹੀ) ਹਰਿ-ਨਾਮ ਧਨ ਵਿਚ ਵੱਸ ਸਕਦਾ ਹੈ,

60125	1417	ਜਨਮ ਮਰਨ ਕੀ ਮਲੁ ਉਤਰੈ ਜਨ ਨਾਨਕ ਹਰਿ ਗੁਨ ਗਾਇ॥੪੦॥		Janam Maran Kee Mal Outharai Jan Naanak Har Gun Gaae ||40||	The filth and pollution of birth and death is washed away, O servant Nanak, singing the Glorious Praises of the Lord. ||40||	ਅਤੇ, ਹੇ ਨਾਨਕ! ਪਰਮਾਤਮਾ ਦੇ ਗੁਣ ਗਾ ਗਾ ਕੇ ਜਨਮ ਮਰਨ ਦੀ ਵਿਕਾਰਾਂ ਦੀ ਮੈਲ (ਮਨ ਤੋਂ) ਲਹਿ ਜਾਂਦੀ ਹੈ ॥੪੦॥
60126	1417	ਧੁਰਿ ਹਰਿ ਪ੍ਰਭੁ ਕਰਤੈ ਲਿਖਿਆ ਸੁ ਮੇਟਣਾ ਨ ਜਾਇ॥		Dhhur Har Prabh Karathai Likhiaa S Maettanaa N Jaae ||	Whatever is pre-destined by the Lord God Creator, cannot be erased.	(ਜੀਵ ਦੇ ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ) ਕਰਤਾਰ ਹਰੀ ਪ੍ਰਭੂ ਨੇ ਧੁਰ ਦਰਗਾਹ ਤੋਂ (ਜੀਵ ਦੇ ਮੱਥੇ ਉੱਤੇ ਜੋ ਲੇਖ) ਲਿਖ ਦਿੱਤਾ, ਉਹ ਲੇਖ (ਕਿਸੇ ਜੀਵ ਪਾਸੋਂ ਆਪਣੇ ਉੱਦਮ ਨਾਲ) ਮਿਟਾਇਆ ਨਹੀਂ ਜਾ ਸਕਦਾ,
60127	1417	ਜੀਉ ਪਿੰਡੁ ਸਭੁ ਤਿਸ ਦਾ ਪ੍ਰਤਿਪਾਲਿ ਕਰੇ ਹਰਿ ਰਾਇ॥		Jeeo Pindd Sabh This Dhaa Prathipaal Karae Har Raae ||	Body and soul are all His. The Sovereign Lord King cherishes all.	(ਕਿਉਂਕਿ ਹਰੇਕ ਜੀਵ ਦੀ ਇਹ) ਜਿੰਦ ਇਹ ਸਰੀਰ ਉਸ (ਪਰਮਾਤਮਾ) ਦਾ ਦਿੱਤਾ ਹੋਇਆ ਹੈ ਜੋ ਪ੍ਰਭੂ-ਪਾਤਿਸ਼ਾਹ (ਸਭ ਦੀ) ਪਾਲਣਾ ਭੀ ਕਰਦਾ ਹੈ।

60128	1417	ਚੁਗਲ ਨਿੰਦਕ ਭੁਖੇ ਰੁਲਿ ਮੁਏ ਏਨਾ ਹਥੁ ਨ ਕਿਥਾਊ ਪਾਇ॥		Chugal Nindhak Bhukhae Rul Mueae Eaenaa Hathh N Kithhaaoo Paae ||	The gossipers and slanderers shall remain hungry and die, rolling in the dust; their hands cannot reach anywhere.	(ਉਸ ਦਾਤਾਰ ਨੂੰ ਭੁਲਾ ਕੇ) ਚੁਗ਼ਲੀ ਨਿੰਦਾ ਕਰਨ ਵਾਲੇ ਮਨੁੱਖ ਮਾਇਆ ਦੀ ਤ੍ਰਿਸ਼ਨਾ ਵਿਚ ਫਸੇ ਰਹਿ ਕੇ ਦੁਖੀ ਰਹਿ ਕੇ ਆਤਮਕ ਮੌਤ ਸਹੇੜ ਲੈਂਦੇ ਹਨ (ਇਸ ਭੈੜੀ ਦਸ਼ਾ ਵਿਚੋਂ ਨਿਕਲਣ ਲਈ) ਕਿਤੇ ਭੀ ਉਹਨਾਂ ਦਾ ਹੱਥ ਨਹੀਂ ਪੈ ਸਕਦਾ।
60129	1417	ਬਾਹਰਿ ਪਾਖੰਡ ਸਭ ਕਰਮ ਕਰਹਿ ਮਨਿ ਹਿਰਦੈ ਕਪਟੁ ਕਮਾਇ॥		Baahar Paakhandd Sabh Karam Karehi Man Hiradhai Kapatt Kamaae ||	Outwardly, they do all the proper deeds, but they are hypocrites; in their minds and hearts, they practice deception and fraud.	(ਅਜਿਹੇ ਮਨੁੱਖ ਆਪਣੇ ਮਨ ਵਿਚ ਹਿਰਦੇ ਵਿਚ ਖੋਟ ਕਮਾ ਕੇ ਬਾਹਰ (ਲੋਕਾਂ ਨੂੰ ਵਿਖਾਣ ਲਈ) ਵਿਖਾਵੇ ਦੇ ਧਾਰਮਿਕ ਕਰਮ ਕਰਦੇ ਰਹਿੰਦੇ ਹਨ।
60130	1417	ਖੇਤਿ ਸਰੀਰਿ ਜੋ ਬੀਜੀਐ ਸੋ ਅੰਤਿ ਖਲੋਆ ਆਇ॥		Khaeth Sareer Jo Beejeeai So Anth Khaloaa Aae ||	Whatever is planted in the farm of the body, shall come and stand before them in the end.	(ਇਹ ਕੁਦਰਤੀ ਨਿਯਮ ਹੈ ਕਿ) ਇਸ ਸਰੀਰ-ਖੇਤ ਵਿਚ ਜਿਹੜਾ ਭੀ (ਚੰਗਾ ਮੰਦਾ) ਕਰਮ ਬੀਜਿਆ ਜਾਂਦਾ ਹੈ, ਉਹ ਜ਼ਰੂਰ ਪਰਗਟ ਹੋ ਜਾਂਦਾ ਹੈ।
60131	1418	ਨਾਨਕ ਕੀ ਪ੍ਰਭ ਬੇਨਤੀ ਹਰਿ ਭਾਵੈ ਬਖਸਿ ਮਿਲਾਇ॥੪੧॥		Naanak Kee Prabh Baenathee Har Bhaavai Bakhas Milaae ||41||	Nanak offers this prayer: O Lord God, please forgive me, and unite me with Yourself. ||41||	ਹੇ ਪ੍ਰਭੂ! ਹੇ ਹਰੀ! (ਤੇਰੇ ਦਾਸ) ਨਾਨਕ ਦੀ (ਤੇਰੇ ਦਰ ਤੇ) ਬੇਨਤੀ ਹੈ ਕਿ ਜਿਵੇਂ ਹੋ ਸਕੇ ਮਿਹਰ ਕਰ ਕੇ (ਜੀਵਾਂ ਨੂੰ ਆਪਣੇ ਚਰਨਾਂ ਵਿਚ) ਜੋੜ ॥੪੧॥

60132	1418	ਮਨ ਆਵਣ ਜਾਣੁ ਨ ਸੁਝਈ ਨਾ ਸੁਝੈ ਦਰਬਾਰੁ॥		Man Aavan Jaan N Sujhee Naa Sujhai Dharabaar ||	The mortal being does not understand the comings and goings of reincarnation; he does not see the Court of the Lord.	ਹੇ ਮਨ! (ਤੈਨੂੰ) ਜਨਮ ਮਰਨ ਦਾ ਗੇੜ ਨਹੀਂ ਸੁੱਝਦਾ (ਤੈਨੂੰ ਇਹ ਖ਼ਿਆਲ ਨਹੀਂ ਆਉਂਦਾ ਕਿ ਜਨਮ ਮਰਨ ਦੇ ਗੇੜ ਵਿਚ ਪੈਣਾ ਪਏਗਾ), (ਤੈਨੂੰ) ਪ੍ਰਭੂ ਦੀ ਹਜ਼ੂਰੀ ਭੀ ਯਾਦ ਨਹੀਂ ਆਉਂਦੀ।
60133	1418	ਮਾਇਆ ਮੋਹਿ ਪਲੇਟਿਆ ਅੰਤਰਿ ਅਗਿਆਨੁ ਗੁਬਾਰੁ॥		Maaeiaa Mohi Palaettiaa Anthar Agiaan Gubaar ||	He is wrapped up in emotional attachment and Maya, and within his being is the darkness of ignorance.	ਤੂੰ (ਸਦਾ) ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈਂ, ਤੇਰੇ ਅੰਦਰ ਆਤਮਕ ਜੀਵਨ ਵਲੋਂ ਬੇ-ਸਮਝੀ ਹੈ, ਆਤਮਕ ਜੀਵਨ ਵਲੋਂ ਘੁੱਪ ਹਨੇਰਾ ਹੈ।
60134	1418	ਤਬ ਨਰੁ ਸੁਤਾ ਜਾਗਿਆ ਸਿਰਿ ਡੰਡੁ ਲਗਾ ਬਹੁ ਭਾਰੁ॥		Thab Nar Suthaa Jaagiaa Sir Ddandd Lagaa Bahu Bhaar ||	The sleeping person wakes, only when he is hit on the head by a heavy club.	(ਮਾਇਆ ਦੇ ਮੋਹ ਦੀ) ਨੀਂਦ ਵਿਚ ਪਿਆ ਮਨੁੱਖ ਤਦੋਂ (ਹੀ) ਹੋਸ਼ ਕਰਦਾ ਹੈ ਜਦੋਂ (ਇਸ ਦੇ) ਸਿਰ ਉੱਤੇ (ਧਰਮਰਾਜ ਦਾ) ਤਕੜਾ ਕਰਾਰਾ ਡੰਡਾ ਵੱਜਦਾ ਹੈ (ਜਦੋਂ ਮੌਤ ਆ ਦਬੋਚਦੀ ਹੈ)।
60135	1418	ਗੁਰਮੁਖਾਂ ਕਰਾਂ ਉਪਰਿ ਹਰਿ ਚੇਤਿਆ ਸੇ ਪਾਇਨਿ ਮੋਖ ਦੁਆਰੁ॥	(ਕਰਾਂ) ਡੰਡਾਂ ਤੋਂ ਉੱਪਰਿ ਹੋ ਗਏ	Guramukhaan Karaan Oupar Har Chaethiaa Sae Paaein Mokh Dhuaar ||	The Gurmukhs dwell upon the Lord; they find the door of salvation.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਹਰ ਵੇਲੇ ਪਰਮਾਤਮਾ ਨੂੰ ਸਿਮਰਦੇ ਰਹਿੰਦੇ ਹਨ, ਉਸ ਮਾਇਆ ਦੇ ਮੋਹ ਤੋਂ ਖ਼ਲਾਸੀ ਦਾ ਰਸਤਾ ਲੱਭ ਲੈਂਦੇ ਹਨ।

60136	1418	ਨਾਨਕ ਆਪਿ ਓਹਿ ਉਧਰੇ ਸਭ ਕੁਟੰਬ ਤਰੇ ਪਰਵਾਰ॥੪੨॥		Naanak Aap Ouhi Oudhharae Sabh Kuttanb Tharae Paravaar ||42||	O Nanak, they themselves are saved, and all their relatives are carried across as well. ||42||	ਹੇ ਨਾਨਕ! ਉਹ ਆਪ (ਭੀ ਵਿਕਾਰਾਂ ਵਿਚ ਗਲਣੋਂ) ਬਚ ਜਾਂਦੇ ਹਨ, ਉਹਨਾਂ ਦੇ ਪਰਵਾਰ-ਕੁਟੰਬ ਦੇ ਸਾਰੇ ਸਾਥੀ ਭੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ ॥੪੨॥
60137	1418	ਸਬਦਿ ਮਰੈ ਸੋ ਮੁਆ ਜਾਪੈ॥		Sabadh Marai So Muaa Jaapai ||	Whoever dies in the Word of the Shabad, is known to be truly dead.	ਗੁਰੂ ਦੇ ਸ਼ਬਦ ਦੀ ਰਾਹੀਂ (ਮਨੁੱਖ ਵਿਕਾਰਾਂ ਵਲੋਂ) ਮਰ ਜਾਂਦਾ ਹੈ, (ਤੇ, ਵਿਕਾਰਾਂ ਵਲੋਂ) ਮਰਿਆ ਹੋਇਆ ਉਹ ਮਨੁੱਖ (ਜਗਤ ਵਿਚ) ਸੋਭਾ ਖੱਟਦਾ ਹੈ।
60138	1418	ਗੁਰ ਪਰਸਾਦੀ ਹਰਿ ਰਸਿ ਧ੍ਰਾਪੈ॥		Gur Parasaadhee Har Ras Dhhraapai ||	By Guru's Grace, the mortal is satisfied by the sublime essence of the Lord.	ਗੁਰੂ ਦੀ ਕਿਰਪਾ ਨਾਲ ਹਰਿ-ਨਾਮ-ਰਸ ਦੀ ਰਾਹੀਂ (ਮਨੁੱਖ ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦਾ ਹੈ।
60139	1418	ਹਰਿ ਦਰਗਹਿ ਗੁਰ ਸਬਦਿ ਸਿਞਾਪੈ॥		Har Dharagehi Gur Sabadh Sinjaapai ||	Through the Word of the Guru's Shabad, he is recognized in the Court of the Lord.	ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਮਨੁੱਖ) ਪਰਮਾਤਮਾ ਦੀ ਹਜ਼ੂਰੀ ਵਿਚ (ਭੀ) ਸਤਕਾਰ ਪ੍ਰਾਪਤ ਕਰਦਾ ਹੈ।
60140	1418	ਬਿਨੁ ਸਬਦੈ ਮੁਆ ਹੈ ਸਭੁ ਕੋਇ॥		Bin Sabadhai Muaa Hai Sabh Koe ||	Without the Shabad, everyone is dead.	ਗੁਰੂ ਦੇ ਸ਼ਬਦ ਤੋਂ ਬਿਨਾ ਹਰੇਕ ਜੀਵ ਆਤਮਕ ਮੌਤੇ ਮਰਿਆ ਰਹਿੰਦਾ ਹੈ।
60141	1418	ਮਨਮੁਖੁ ਮੁਆ ਅਪੁਨਾ ਜਨਮੁ ਖੋਇ॥		Manamukh Muaa Apunaa Janam Khoe ||	The self-willed manmukh dies; his life is wasted.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਆਪਣਾ ਮਨੁੱਖਾ ਜੀਵਨ ਅਜ਼ਾਈਂ ਗਵਾ ਕੇ ਆਤਮਕ ਮੌਤ ਸਹੇੜੀ ਰੱਖਦਾ ਹੈ।

60142	1418	ਹਰਿ ਨਾਮੁ ਨ ਚੇਤਹਿ ਅੰਤਿ ਦੁਖੁ ਰੋਇ॥		Har Naam N Chaethehi Anth Dhukh Roe ||	Those who do not remember the Name of the Lord, shall cry in pain in the end.	ਜਿਹੜੇ ਮਨੁੱਖ ਪਰਮਾਤਮਾ ਦਾ ਨਾਮ ਨਹੀਂ ਸਿਮਰਦੇ, ਉਹ (ਜ਼ਿੰਦਗੀ ਦੇ) ਅਖ਼ੀਰ ਤਕ (ਆਪਣਾ ਕੋਈ ਨਾ ਕੋਈ) ਦੁੱਖ (ਹੀ) ਰੋਂਦੇ ਰਹਿੰਦੇ ਹਨ।
60143	1418	ਨਾਨਕ ਕਰਤਾ ਕਰੇ ਸੁ ਹੋਇ॥੪੩॥		Naanak Karathaa Karae S Hoe ||43||	O Nanak, whatever the Creator Lord does, comes to pass. ||43||	(ਪਰ, ਜੀਵਾਂ ਦੇ ਭੀ ਕੀਹ ਵੱਸ?) ਹੇ ਨਾਨਕ! (ਜੀਵਾਂ ਦੇ ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਜੀਵ ਵਾਸਤੇ) ਪਰਮਾਤਮਾ ਜੋ ਕੁਝ ਕਰਦਾ ਹੈ, ਉਹੀ ਹੁੰਦਾ ਹੈ ॥੪੩॥
60144	1418	ਗੁਰਮੁਖਿ ਬੁਢੇ ਕਦੇ ਨਾਹੀ ਜਿਨ੍ਹਾ ਅੰਤਰਿ ਸੁਰਤਿ ਗਿਆਨੁ॥		Guramukh Budtae Kadhae Naahee Jinhaa Anthar Surath Giaan ||	The Gurmukhs never grow old; within them is intuitive understanding and spiritual wisdom.	ਗੁਰੂ ਦੇ ਸਨਮੁਖ ਰਹਿਣ ਵਾਲੇ ਜਿਨ੍ਹਾਂ ਮਨੁੱਖਾਂ ਦੇ ਅੰਦਰ ਪ੍ਰਭੂ-ਚਰਨਾਂ ਦੀ ਲਗਨ ਟਿਕੀ ਰਹਿੰਦੀ ਹੈ, ਆਤਮਕ ਜੀਵਨ ਦੀ ਸੂਝ ਟਿਕੀ ਰਹਿੰਦੀ ਹੈ, ਉਹ ਮਨੁੱਖ (ਆਤਮਕ ਜੀਵਨ ਵਿਚ) ਕਦੇ ਕਮਜ਼ੋਰ ਨਹੀਂ ਹੁੰਦੇ।
60145	1418	ਸਦਾ ਸਦਾ ਹਰਿ ਗੁਣ ਰਵਹਿ ਅੰਤਰਿ ਸਹਜ ਧਿਆਨੁ॥		Sadhaa Sadhaa Har Gun Ravehi Anthar Sehaj Dhhiaan ||	They chant the Praises of the Lord, forever and ever; deep within, they intuitively meditate on the Lord.	ਉਹ ਸਦਾ ਹੀ ਪਰਮਾਤਮਾ ਦੇ ਗੁਣ ਯਾਦ ਕਰਦੇ ਰਹਿੰਦੇ ਹਨ, ਉਹਨਾਂ ਦੇ ਅੰਦਰ ਆਤਮਕ ਅਡੋਲਤਾ ਦੀ ਸਮਾਧੀ ਬਣੀ ਰਹਿੰਦੀ ਹੈ।

60146	1418	ਓਇ ਸਦਾ ਅਨੰਦਿ ਬਿਬੇਕ ਰਹਹਿ ਦੁਖਿ ਸੁਖਿ ਏਕ ਸਮਾਨਿ॥		Oue Sadhaa Anandh Bibaek Rehehi Dhukh Sukh Eaek Samaan ||	They dwell forever in blissful knowledge of the Lord; they look upon pain and pleasure as one and the same.	ਉਹ ਮਨੁੱਖ (ਚੰਗੇ ਮੰਦੇ ਕੰਮ ਦੀ) ਪਰਖ ਦੇ ਆਨੰਦ ਵਿਚ ਸਦਾ ਮਗਨ ਰਹਿੰਦੇ ਹਨ, (ਹਰੇਕ) ਦੁੱਖ ਵਿਚ (ਹਰੇਕ) ਸੁਖ ਵਿਚ ਉਹ ਸਦਾ ਅਡੋਲ-ਚਿੱਤ ਰਹਿੰਦੇ ਹਨ।
60147	1418	ਤਿਨਾ ਨਦਰੀ ਇਕੋ ਆਇਆ ਸਭੁ ਆਤਮ ਰਾਮੁ ਪਛਾਨੁ॥੪੪॥		Thinaa Nadharee Eiko Aaeiaa Sabh Aatham Raam Pashhaan ||44||	They see the One Lord in all, and realize the Lord, the Supreme Soul of all. ||44||	ਉਹਨਾਂ ਨੂੰ ਹਰ ਥਾਂ ਸਿਰਫ਼ ਸਰਬ-ਵਿਆਪਕ ਪਰਮਾਤਮਾ ਸਾਥੀ ਹੀ ਵੱਸਦਾ ਦਿੱਸਦਾ ਹੈ ॥੪੪॥
60148	1418	ਮਨਮੁਖੁ ਬਾਲਕੁ ਬਿਰਧਿ ਸਮਾਨਿ ਹੈ ਜਿਨ੍ਹਾ ਅੰਤਰਿ ਹਰਿ ਸੁਰਤਿ ਨਾਹੀ॥	ਹੈਂ	Manamukh Baalak Biradhh Samaan Hai Jinhaa Anthar Har Surath Naahee ||	The self-willed manmukhs are like stupid children; they do not keep the Lord in their thoughts.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਨਰੋਏ ਸਰੀਰਕ ਅੰਗਾਂ ਵਾਲਾ ਹੁੰਦਾ ਹੋਇਆ ਭੀ (ਆਤਮਕ ਜੀਵਨ ਵਿਚ) ਬੁੱਢੇ ਮਨੁੱਖ ਵਰਗਾ ਕਮਜ਼ੋਰ ਹੁੰਦਾ ਹੈ। ਜਿਨ੍ਹਾਂ ਮਨੁੱਖਾਂ ਦੇ ਅੰਦਰ ਪਰਮਾਤਮਾ ਦੀ ਲਗਨ ਨਹੀਂ ਹੁੰਦੀ,
60149	1418	ਵਿਚਿ ਹਉਮੈ ਕਰਮ ਕਮਾਵਦੇ ਸਭ ਧਰਮਰਾਇ ਕੈ ਜਾਂਹੀ॥		Vich Houmai Karam Kamaavadhae Sabh Dhharam Raae Kai Jaanhee ||	They do all their deeds in egotism, and they must answer to the Righteous Judge of Dharma.	ਉਹ ਮਨੁੱਖ (ਧਾਰਮਿਕ) ਕਰਮ (ਭੀ) ਹਉਮੈ ਵਿਚ (ਰਹਿ ਕੇ ਹੀ) ਕਰਦੇ ਹਨ, ਉਹ ਸਾਰੇ ਧਰਮਰਾਜ ਦੇ ਵੱਸ ਪੈਂਦੇ ਹਨ।

60150	1418	ਗੁਰਮੁਖਿ ਹਛੇ ਨਿਰਮਲੇ ਗੁਰ ਕੈ ਸਬਦਿ ਸੁਭਾਇ॥		Guramukh Hashhae Niramalae Gur Kai Sabadh Subhaae ||	The Gurmukhs are good and immaculately pure; they are embellished and exalted with the Word of the Guru's Shabad.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਪ੍ਰਭੂ ਦੇ) ਪਿਆਰ ਵਿਚ ਟਿਕ ਕੇ ਸੁੱਚੇ ਪਵਿੱਤਰ ਜੀਵਨ ਵਾਲੇ ਹੁੰਦੇ ਹਨ।
60151	1418	ਓਨਾ ਮੈਲੁ ਪਤੰਗੁ ਨ ਲਗਈ ਜਿ ਚਲਨਿ ਸਤਿਗੁਰ ਭਾਇ॥		Ounaa Mail Pathang N Lagee J Chalan Sathigur Bhaae ||	Not even a tiny bit of filth sticks to them; they walk in harmony with the Will of the True Guru.	ਜਿਹੜੇ ਮਨੁੱਖ ਗੁਰੂ ਦੇ ਅਨੁਸਾਰ ਰਹਿ ਕੇ ਜੀਵਨ ਚਾਲ ਚੱਲਦੇ ਹਨ, ਉਹਨਾਂ ਨੂੰ (ਵਿਕਾਰਾਂ ਦੀ) ਰਤਾ ਭੀ ਮੈਲ ਨਹੀਂ ਲੱਗਦੀ।
60152	1418	ਮਨਮੁਖ ਜੂਠਿ ਨ ਉਤਰੈ ਜੇ ਸਉ ਧੋਵਣ ਪਾਇ॥		Manamukh Jooth N Outharai Jae So Dhhovan Paae ||	The filth of the manmukhs is not washed away, even if they wash hundreds of times.	ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੀ (ਵਿਕਾਰਾਂ ਦੀ) ਜੂਠ (ਉਸ ਦੇ ਮਨ ਤੋਂ) ਕਦੇ ਭੀ ਨਹੀਂ ਲਹਿੰਦੀ, ਭਾਵੇਂ ਉਹ ਸੌ ਵਾਰੀ (ਉਸ ਨੂੰ) ਧੋਣ ਦਾ ਜਤਨ ਕਰਦਾ ਰਹੇ।
60153	1418	ਨਾਨਕ ਗੁਰਮੁਖਿ ਮੇਲਿਅਨੁ ਗੁਰ ਕੈ ਅੰਕਿ ਸਮਾਇ॥੪੫॥		Naanak Guramukh Maelian Gur Kai Ank Samaae ||45||	O Nanak, the Gurmukhs are united with the Lord; they merge into the Guru's Being. ||45||	ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਨੂੰ ਗੁਰੂ ਦੀ ਗੋਦ ਵਿਚ ਲੀਨ ਕਰ ਕੇ ਪਰਮਾਤਮਾ ਨੇ (ਆਪ ਆਪਣੇ ਚਰਨਾਂ ਵਿਚ) ਮਿਲਾਇਆ ਹੁੰਦਾ ਹੈ ॥੪੫॥

60154	1418	ਬੁਰਾ ਕਰੇ ਸੁ ਕੇਹਾ ਸਿਝੈ॥	ਸਿੱਝੈ	Buraa Karae S Kaehaa Sijhai ||	How can someone do bad things, and still live with himself?	ਜਿਹੜਾ ਮਨੁੱਖ (ਮਾਇਆ ਆਦਿਕ ਦੀ ਖ਼ਾਤਰ ਕਿਸੇ ਹੋਰ ਨਾਲ) ਕੋਈ ਭੈੜ ਕਮਾਂਦਾ ਹੈ, ਉਹ ਜ਼ਿੰਦਗੀ ਵਿਚ ਕਾਮਯਾਬ ਨਹੀਂ ਸਮਝਿਆ ਜਾ ਸਕਦਾ।
60155	1418	ਆਪਨੈ ਰੋਹਿ ਆਪੇ ਹੀ ਦਝੈ॥	ਦੱਝੈ	Aapanai Rohi Aapae Hee Dhajhai ||	By his own anger, he only burns himself.	ਉਹ ਮਨੁੱਖ ਆਪਣੇ ਹੀ ਗੁੱਸੇ (ਦੀ ਅੱਗ) ਵਿਚ ਆਪ ਹੀ ਸੜਦਾ ਹੈ।
60156	1418	ਮਨਮੁਖਿ ਕਮਲਾ ਰਗੜੈ ਲੁਝੈ॥	ਲੁੱਝੈ	Manamukh Kamalaa Ragarrai Lujhai ||	The self-willed manmukh drives himself crazy with worries and stubborn struggles.	ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ ਦੀ ਖ਼ਾਤਰ) ਝੱਲਾ ਹੋਇਆ ਫਿਰਦਾ ਹੈ, (ਦੁਨੀਆ ਦੇ) ਝਗੜੇ-ਝੰਬੇਲੇ ਵਿਚ (ਹੋਰਨਾਂ ਨਾਲ) ਖਹਿੰਦਾ ਰਹਿੰਦਾ ਹੈ।
60157	1418	ਗੁਰਮੁਖਿ ਹੋਇ ਤਿਸੁ ਸਭ ਕਿਛੁ ਸੁਝੈ॥	ਸੁੱਝੈ	Guramukh Hoe This Sabh Kishh Sujhai ||	But those who become Gurmukh understand everything.	(ਪਰ) ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਆਤਮਕ ਜੀਵਨ ਦੇ) ਹਰੇਕ ਭੇਤ ਨੂੰ ਸਮਝਦਾ ਹੈ।
60158	1418	ਨਾਨਕ ਗੁਰਮੁਖਿ ਮਨ ਸਿਉ ਲੁਝੈ॥੪੬॥		Naanak Guramukh Man Sio Lujhai ||46||	O Nanak, the Gurmukh struggles with his own mind. ||46||	ਹੇ ਨਾਨਕ! ਗੁਰੂ ਦੀ ਸਰਨ ਪਏ ਰਹਿਣ ਵਾਲਾ ਬੰਦਾ (ਆਪਣੇ) ਮਨ ਨਾਲ ਟਾਕਰਾ ਕਰਦਾ ਰਹਿੰਦਾ ਹੈ ॥੪੬॥
60159	1418	ਜਿਨਾ ਸਤਿਗੁਰੁ ਪੁਰਖੁ ਨ ਸੇਵਿਓ ਸਬਦਿ ਨ ਕੀਤੋ ਵੀਚਾਰੁ॥		Jinaa Sathigur Purakh N Saeviou Sabadh N Keetho Veechaar ||	Those who do not serve the True Guru, the Primal Being, and do not reflect upon the Word of the Shabad	ਜਿਨ੍ਹਾਂ ਮਨੁੱਖਾਂ ਨੇ ਗੁਰੂ ਮਹਾ ਪੁਰਖ ਦੀ ਸਰਨ ਨਹੀਂ ਫੜੀ, ਜਿਨ੍ਹਾਂ ਨੇ ਸ਼ਬਦ ਵਿਚ ਆਪਣਾ ਮਨ ਨਹੀਂ ਜੋੜਿਆ,

60160	1418	ਓਇ ਮਾਣਸ ਜੂਨਿ ਨ ਆਖੀਅਨਿ ਪਸੂ ਢੋਰ ਗਾਵਾਰ॥		Oue Maanas Joon N Aakheean Pasoo Dtor Gaavaar ||	- do not call them human beings; they are just animals and stupid beasts.	ਉਹ ਬੰਦੇ ਮਨੁੱਖਾ ਜੂਨ ਵਿਚ ਆਏ ਨਹੀਂ ਕਹੇ ਜਾ ਸਕਦੇ, ਉਹ ਤਾਂ ਪਸ਼ੂ ਹਨ, ਉਹ ਤਾਂ ਮਰੇ ਹੋਏ ਪਸ਼ੂ ਹਨ ਉਹ ਮਹਾਂ ਮੂਰਖ ਹਨ।
60161	1418	ਓਨਾ ਅੰਤਰਿ ਗਿਆਨੁ ਨ ਧਿਆਨੁ ਹੈ ਹਰਿ ਸਉ ਪ੍ਰੀਤਿ ਨ ਪਿਆਰੁ॥		Ounaa Anthar Giaan N Dhhiaan Hai Har So Preeth N Piaar ||	They have no spiritual wisdom or meditation within their beings; they are not in love with the Lord.	ਉਹਨਾਂ ਮਨੁੱਖਾਂ ਦੇ ਅੰਦਰ ਆਤਮਕ ਜੀਵਨ ਦੀ ਸੂਝ ਨਹੀਂ ਹੈ, ਉਹਨਾਂ ਦੇ ਅੰਦਰ ਪ੍ਰਭੂ-ਚਰਨਾਂ ਦੀ ਲਗਨ ਨਹੀਂ ਹੈ, ਪ੍ਰਭੂ ਨਾਲ ਉਹਨਾਂ ਦਾ ਪ੍ਰੇਮ-ਪਿਆਰ ਨਹੀਂ ਹੈ।
60162	1418	ਮਨਮੁਖ ਮੁਏ ਵਿਕਾਰ ਮਹਿ ਮਰਿ ਜੰਮਹਿ ਵਾਰੋ ਵਾਰ॥		Manamukh Mueae Vikaar Mehi Mar Janmehi Vaaro Vaar ||	The self-willed manmukhs die in evil and corruption; they die and are reborn, again and again.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਉਹ ਮਨੁੱਖ ਵਿਕਾਰਾਂ ਵਿਚ ਹੀ ਆਤਮਕ ਮੌਤ ਸਹੇੜੀ ਰੱਖਦੇ ਹਨ ਉਹ ਮੁੜ ਮੁੜ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ।
60163	1418	ਜੀਵਦਿਆ ਨੋ ਮਿਲੈ ਸੁ ਜੀਵਦੇ ਹਰਿ ਜਗਜੀਵਨ ਉਰ ਧਾਰਿ॥	ਜੱਗਜੀਵਨ	Jeevadhiaa No Milai S Jeevadhae Har Jagajeevan Our Dhhaar ||	They alone live, who join with the living; enshrine the Lord, the Lord of Life, within your heart.	ਜਿਹੜਾ ਜਿਹੜਾ ਮਨੁੱਖ ਆਤਮਕ ਜੀਵਨ ਵਾਲੇ ਮਨੁੱਖਾਂ ਨੂੰ ਮਿਲਦਾ ਹੈ ਉਹ ਸਾਰੇ ਭੀ ਜਗਤ ਦੇ ਜੀਵਨ ਹਰੀ ਨੂੰ ਹਿਰਦੇ ਵਿਚ ਵਸਾ ਕੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ।

60164	1418	ਨਾਨਕ ਗੁਰਮੁਖਿ ਸੋਹਣੇ ਤਿਤੁ ਸਚੈ ਦਰਬਾਰਿ॥੪੭॥		Naanak Guramukh Sohanae Thith Sachai Dharabaar ||47||	O Nanak, the Gurmukhs look beautiful in that Court of the True Lord. ||47||	ਹੇ ਨਾਨਕ! ਗੁਰੂ ਦੇ ਸਨਮੁਖਿ ਰਹਿਣ ਵਾਲੇ ਮਨੁੱਖ ਉਸ ਸਦਾ-ਥਿਰ (ਰੱਬੀ) ਦਰਬਾਰ ਵਿਚ ਸੋਭਾ ਖੱਟਦੇ ਹਨ ॥੪੭॥
60165	1418	ਹਰਿਮੰਦਰੁ ਹਰਿ ਸਾਜਿਆ ਹਰਿ ਵਸੈ ਜਿਸੁ ਨਾਲਿ॥		Har Mandhar Har Saajiaa Har Vasai Jis Naal ||	The Lord built the Harimandir, the Temple of the Lord; the Lord dwells within it.	(ਮਨੁੱਖ ਦਾ ਇਹ ਸਰੀਰ-) ਹਰਿ-ਮੰਦਰ ਪਰਮਾਤਮਾ ਨੇ (ਆਪ) ਬਣਾਇਆ ਹੈ, ਇਸ ਸਰੀਰ-ਹਰਿਮੰਦਰ ਵਿਚ ਪਰਮਾਤਮਾ ਆਪ ਵੱਸਦਾ ਹੈ।
60166	1418	ਗੁਰਮਤੀ ਹਰਿ ਪਾਇਆ ਮਾਇਆ ਮੋਹ ਪਰਜਾਲਿ॥	ਪਰ-ਜਾਲਿ	Guramathee Har Paaeiaa Maaeiaa Moh Parajaal ||	Following the Guru's Teachings, I have found the Lord; my emotional attachment to Maya has been burnt away.	(ਪਰ) ਗੁਰੂ ਦੀ ਮੱਤ ਤੁਰ ਕੇ (ਅੰਦਰੋਂ) ਮਾਇਆ ਦਾ ਮੋਹ ਚੰਗੀ ਤਰ੍ਹਾਂ ਸਾੜ ਕੇ (ਹੀ, ਕਿਸੇ ਭਾਗਾਂ ਵਾਲੇ ਨੇ ਅੰਦਰ-ਵੱਸਦਾ) ਪਰਮਾਤਮਾ ਲੱਭਾ ਹੈ।
60167	1418	ਹਰਿਮੰਦਰਿ ਵਸਤੁ ਅਨੇਕ ਹੈ ਨਵ ਨਿਧਿ ਨਾਮੁ ਸਮਾਲਿ॥		Har Mandhar Vasath Anaek Hai Nav Nidhh Naam Samaal ||	Countless things are in the Harimandir, the Temple of the Lord; contemplate the Naam, and the nine treasures will be yours.	ਪਰਮਾਤਮਾ ਦਾ ਨਾਮ, ਮਾਨੋ, ਨੌ ਖ਼ਜ਼ਾਨੇ ਹੈ (ਇਸ ਨੂੰ ਹਿਰਦੇ ਵਿਚ) ਸਾਂਭ ਕੇ ਰੱਖ (ਜੇ ਹਰਿ-ਨਾਮ ਸੰਭਾਲਿਆ ਜਾਏ, ਤਾਂ) ਇਸ ਸਰੀਰ-ਹਰਿਮੰਦਰ ਵਿਚ ਅਨੇਕਾਂ ਹੀ ਉੱਤਮ ਕੀਮਤੀ ਗੁਣ (ਲੱਭ ਪੈਂਦੇ) ਹਨ।
60168	1418	ਧਨੁ ਭਗਵੰਤੀ ਨਾਨਕਾ ਜਿਨਾ ਗੁਰਮੁਖਿ ਲਧਾ ਹਰਿ ਭਾਲਿ॥		Dhhan Bhagavanthee Naanakaa Jinaa Guramukh Ladhhaa Har Bhaal ||	Blessed is that happy soul-bride, O Nanak, who, as Gurmukh, seeks and finds the Lord.	ਹੇ ਨਾਨਕ! ਸ਼ਾਬਾਸ਼ੇ ਉਹਨਾਂ ਭਾਗਾਂ ਵਾਲਿਆਂ ਨੂੰ, ਜਿਨ੍ਹਾਂ ਗੁਰੂ ਦੀ ਸਰਨ ਪੈ ਕੇ (ਇਸ ਸਰੀਰ-ਹਰਿਮੰਦਰ ਵਿਚ ਵੱਸਦਾ) ਪਰਮਾਤਮਾ ਖੋਜ ਕੇ ਲੱਭ ਲਿਆ।

60169	1418	ਵਡਭਾਗੀ ਗੜ ਮੰਦਰੁ ਖੋਜਿਆ ਹਰਿ ਹਿਰਦੈ ਪਾਇਆ ਨਾਲਿ॥੪੮॥	ਗੜ੍	Vaddabhaagee Garr Mandhar Khojiaa Har Hiradhai Paaeiaa Naal ||48||	By great good fortune, one searches the temple of the body-fortress, and finds the Lord within the heart. ||48||	ਜਿਨ੍ਹਾਂ ਵੱਡੇ ਭਾਗਾਂ ਵਾਲਿਆਂ ਨੇ ਇਸ ਸਰੀਰ ਕਿਲ੍ਹੇ ਨੂੰ ਸਰੀਰ ਮੰਦਰ ਨੂੰ ਖੋਜਿਆ, ਹਿਰਦੇ ਵਿਚ ਹੀ ਆਪਣੇ ਨਾਲ ਵੱਸਦਾ ਪਰਮਾਤਮਾ ਲੱਭ ਲਿਆ ॥੪੮॥
60170	1418	ਮਨਮੁਖ ਦਹ ਦਿਸਿ ਫਿਰਿ ਰਹੇ ਅਤਿ ਤਿਸਨਾ ਲੋਭ ਵਿਕਾਰ॥		Manamukh Dheh Dhis Fir Rehae Ath Thisanaa Lobh Vikaar ||	The self-willed manmukhs wander lost in the ten directions, led by intense desire, greed and corruption.	ਮਾਇਆ ਦੀ ਭਾਰੀ ਤ੍ਰਿਸ਼ਨਾ, ਮਾਇਆ ਦਾ ਲਾਲਚ ਅਤੇ ਅਨੇਕਾਂ ਵਿਕਾਰਾਂ ਵਿਚ ਫਸ ਕੇ ਆਪਣੇ ਮਨ ਦੇ ਮੁਰੀਦ ਮਨੁੱਖ ਦਸੀਂ ਪਾਸੀਂ ਭਟਕਦੇ ਫਿਰਦੇ ਹਨ।
60171	1419	ਮਾਇਆ ਮੋਹੁ ਨ ਚੁਕਈ ਮਰਿ ਜੰਮਹਿ ਵਾਰੋ ਵਾਰ॥		Maaeiaa Mohu N Chukee Mar Janmehi Vaaro Vaar ||	Their attachment to Maya does not cease; they die, only to be reborn, over and over again.	(ਜਿਤਨਾ ਚਿਰ ਉਹਨਾਂ ਦੇ ਅੰਦਰੋਂ) ਮਾਇਆ ਦਾ ਮੋਹ ਮੁੱਕਦਾ ਨਹੀਂ, ਉਹ ਮੁੜ ਮੁੜ ਜੰਮਦੇ ਰਹਿੰਦੇ ਹਨ।
60172	1419	ਸਤਿਗੁਰੁ ਸੇਵਿ ਸੁਖੁ ਪਾਇਆ ਅਤਿ ਤਿਸਨਾ ਤਜਿ ਵਿਕਾਰ॥		Sathigur Saev Sukh Paaeiaa Ath Thisanaa Thaj Vikaar ||	Serving the True Guru, peace is found; intense desire and corruption are discarded.	ਗੁਰੂ ਦੀ ਸਰਨ ਪੈ ਕੇ (ਆਪਣੇ ਅੰਦਰੋਂ) ਤ੍ਰਿਸ਼ਨਾ ਆਦਿਕ ਵਿਕਾਰ ਤਿਆਗ ਕੇ ਜਿਨ੍ਹਾਂ ਨੇ ਆਤਮਕ ਆਨੰਦ ਹਾਸਲ ਕਰ ਲਿਆ,

60173	1419	ਜਨਮ ਮਰਨ ਕਾ ਦੁਖੁ ਗਇਆ ਜਨ ਨਾਨਕ ਸਬਦੁ ਬੀਚਾਰਿ॥੪੯॥	ਗ-ਇਆ: ਗਿਆ ਨਾ ਬੋਲੋ	Janam Maran Kaa Dhukh Gaeiaa Jan Naanak Sabadh Beechaar ||49||	The pains of death and birth are taken away; servant Nanak reflects upon the Word of the Shabad. ||49||	ਹੇ ਦਾਸ ਨਾਨਕ! ਗੁਰੂ ਦੇ ਸ਼ਬਦ ਨੂੰ ਮਨ ਵਿਚ ਵਸਾ ਕੇ ਉਹਨਾਂ ਦਾ ਜਨਮ ਮਰਨ (ਦੇ ਗੇੜ) ਦਾ ਦੁੱਖ ਦੂਰ ਹੋ ਗਿਆ ॥੪੯॥
60174	1419	ਹਰਿ ਹਰਿ ਨਾਮੁ ਧਿਆਇ ਮਨ ਹਰਿ ਦਰਗਹ ਪਾਵਹਿ ਮਾਨੁ॥		Har Har Naam Dhhiaae Man Har Dharageh Paavehi Maan ||	Meditate on the Name of the Lord, Har, Har, O mortal being, and you shall be honored in the Court of the Lord.	ਹੇ (ਮੇਰੇ) ਮਨ! ਪਰਮਾਤਮਾ ਦਾ ਨਾਮ ਸਿਮਰਿਆ ਕਰ (ਸਿਮਰਨ ਦੀ ਬਰਕਤਿ ਨਾਲ) ਤੂੰ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਪ੍ਰਾਪਤ ਕਰੇਂਗਾ।
60175	1419	ਕਿਲਵਿਖ ਪਾਪ ਸਭਿ ਕਟੀਅਹਿ ਹਉਮੈ ਚੁਕੈ ਗੁਮਾਨੁ॥		Kilavikh Paap Sabh Katteeahi Houmai Chukai Gumaan ||	All your sins and terrible mistakes shall be taken away, and you shall be rid of your pride and egotism.	(ਸਿਮਰਨ ਕੀਤਿਆਂ ਮਨੁੱਖ ਦੇ) ਸਾਰੇ ਪਾਪ ਐਬ ਕੱਟੇ ਜਾਂਦੇ ਹਨ, (ਮਨ ਵਿਚੋਂ) ਹਉਮੈ ਅਹੰਕਾਰ ਦੂਰ ਹੋ ਜਾਂਦਾ ਹੈ।
60176	1419	ਗੁਰਮੁਖਿ ਕਮਲੁ ਵਿਗਸਿਆ ਸਭੁ ਆਤਮ ਬ੍ਰਹਮੁ ਪਛਾਨੁ॥		Guramukh Kamal Vigasiaa Sabh Aatham Breham Pashhaan ||	The heart-lotus of the Gurmukh blossoms forth, realizing God, the Soul of all.	ਗੁਰੂ ਦੀ ਸਰਨ ਪੈ ਕੇ (ਸਿਮਰਨ ਕੀਤਿਆਂ) ਹਿਰਦਾ-ਕੌਲ ਫੁੱਲ ਖਿੜ ਪੈਂਦਾ ਹੈ, ਹਰ ਥਾਂ ਸਰਬ-ਵਿਆਪਕ ਪ੍ਰਭੂ ਹੀ ਸਾਥੀ ਦਿੱਸਦਾ ਹੈ।

60177	1419	ਹਰਿ ਹਰਿ ਕਿਰਪਾ ਧਾਰਿ ਪ੍ਰਭ ਜਨ ਨਾਨਕ ਜਪਿ ਹਰਿ ਨਾਮੁ॥੫੦॥		Har Har Kirapaa Dhhaar Prabh Jan Naanak Jap Har Naam ||50||	O Lord God, please shower Your Mercy upon servant Nanak, that he may chant the Name of the Lord. ||50||	ਹੇ ਦਾਸ ਨਾਨਕ! ਹੇ ਹਰੀ! ਹੇ ਪ੍ਰਭੂ (ਮੇਰੇ ਉੱਤੇ) ਮਿਹਰ ਕਰ, ਮੈਂ (ਸਦਾ ਤੇਰਾ) ਨਾਮ ਜਪਦਾ ਰਹਾਂ ॥੫੦॥
60178	1419	ਧਨਾਸਰੀ ਧਨਵੰਤੀ ਜਾਣੀਐ ਭਾਈ ਜਾਂ ਸਤਿਗੁਰ ਕੀ ਕਾਰ ਕਮਾਇ॥		Dhhanaasaree Dhhanavanthee Jaaneeai Bhaaee Jaan Sathigur Kee Kaar Kamaae ||	In Dhanaasaree, the soul-bride is known to be wealthy, O Siblings of Destiny, when she works for the True Guru.	ਹੇ ਭਾਈ! ਤਦੋਂ ਉਸ ਜੀਵ-ਇਸਤ੍ਰੀ ਨੂੰ ਨਾਮ-ਧਨ ਵਾਲੀ ਭਾਗਾਂ ਵਾਲੀ ਸਮਝਣਾ ਚਾਹੀਦਾ ਹੈ, ਜਦੋਂ ਕੋਈ ਜੀਵ-ਇਸਤ੍ਰੀ ਗੁਰੂ ਦੀ (ਦੱਸੀ) ਕਾਰ ਕਰਨ ਲੱਗ ਪੈਂਦੀ ਹੈ,
60179	1419	ਤਨੁ ਮਨੁ ਸਉਪੇ ਜੀਅ ਸਉ ਭਾਈ ਲਏ ਹੁਕਮਿ ਫਿਰਾਉ॥		Than Man Soupae Jeea So Bhaaee Leae Hukam Firaao ||	She surrenders her body, mind and soul, O Siblings of Destiny, and lives according to the Hukam of His Command.	ਹੇ ਭਾਈ! ਜਦੋਂ ਉਹ ਆਪਣਾ ਤਨ ਆਪਣਾ ਮਨ ਆਪਣੀ ਜਿੰਦ ਸਮੇਤ (ਆਪਣੇ ਗੁਰੂ ਦੇ) ਹਵਾਲੇ ਕਰਦੀ ਹੈ, ਜਦੋਂ ਉਹ (ਆਪਣੇ ਗੁਰੂ ਦੇ) ਹੁਕਮ ਵਿਚ ਜੀਵਨ-ਤੋਰ ਤੁਰਨ ਲੱਗ ਪੈਂਦੀ ਹੈ,
60180	1419	ਜਹ ਬੈਸਾਵਹਿ ਬੈਸਹਿ ਭਾਈ ਜਹ ਭੇਜਹਿ ਤਹ ਜਾਉ॥		Jeh Baisaavehi Baiseh Bhaaee Jeh Bhaejehi Theh Jaao ||	I sit where He wishes me to sit, O Siblings of Destiny; wherever He sends me, I go.	(ਹੇ ਭਾਈ! ਜੀਵ ਪ੍ਰਭੂ ਦੇ ਹੁਕਮ ਤੋਂ ਆਕੀ ਹੋ ਹੀ ਨਹੀਂ ਸਕਦੇ) ਜਿਥੇ ਪ੍ਰਭੂ ਜੀ ਅਸਾਂ ਜੀਵਾਂ ਨੂੰ ਬਿਠਾਂਦੇ ਹਨ, ਉੱਥੇ ਹੀ ਅਸੀਂ ਬੈਠਦੇ ਹਾਂ, ਜਿੱਥੇ ਪ੍ਰਭੂ ਜੀ ਮੈਨੂੰ ਭੇਜਦੇ ਹਨ, ਉਥੇ ਹੀ ਮੈਂ ਜਾਂਦਾ ਹਾਂ।

60181	1419	ਏਵਡੁ ਧਨੁ ਹੋਰੁ ਕੋ ਨਹੀ ਭਾਈ ਜੇਵਡੁ ਸਚਾ ਨਾਉ॥		Eaevadd Dhhan Hor Ko Nehee Bhaaee Jaevadd Sachaa Naao ||	There is no other wealth as great, O Siblings of Destiny; such is the greatness of the True Name.	ਹੇ ਭਾਈ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਨਾਮ (-ਧਨ) ਜਿਤਨਾ ਕੀਮਤੀ ਹੈ, ਇਤਨਾ ਕੀਮਤੀ ਹੋਰ ਕੋਈ ਧਨ ਨਹੀਂ ਹੈ।
60182	1419	ਸਦਾ ਸਚੇ ਕੇ ਗੁਣ ਗਾਵਾਂ ਭਾਈ ਸਦਾ ਸਚੇ ਕੈ ਸੰਗਿ ਰਹਾਉ॥		Sadhaa Sachae Kae Gun Gaavaan Bhaaee Sadhaa Sachae Kai Sang Rehaao ||	I sing forever the Glorious Praises of the True Lord; I shall remain with the True One forever.	ਹੇ ਭਾਈ! ਮੈਂ ਤਾਂ ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਗੁਣ ਹੀ ਸਦਾ ਗਾਂਦਾ ਹਾਂ, ਸਦਾ-ਥਿਰ ਪ੍ਰਭੂ ਦੇ ਚਰਨਾਂ ਵਿਚ ਹੀ ਟਿਕਿਆ ਰਹਿੰਦਾ ਹਾਂ।
60183	1419	ਪੈਨਣੁ ਗੁਣ ਚੰਗਿਆਈਆ ਭਾਈ ਆਪਣੀ ਪਤਿ ਕੇ ਸਾਦ ਆਪੇ ਖਾਇ॥	ਪਤਿ: ਪੋਲਾ ਬੋਲੋ, ਪੈਨ੍ਣੁ	Painan Gun Changiaaeeaa Bhaaee Aapanee Path Kae Saadh Aapae Khaae ||	So wear the clothes of His Glorious Virtues and goodness, O Siblings of Destiny; eat and enjoy the flavor of your own honor.	(ਜਿਸ ਮਨੁੱਖ ਦੇ ਹਿਰਦੇ ਵਿਚ ਰੱਬੀ) ਗੁਣਾਂ (ਰੱਬੀ) ਚੰਗਿਆਈਆਂ ਦਾ ਨਿਵਾਸ ਹੋ ਜਾਂਦਾ ਹੈ (ਉਹ ਮਨੁੱਖ ਲੋਕ ਪਰਲੋਕ ਵਿਚ) ਇੱਜ਼ਤ-ਆਦਰ ਹਾਸਲ ਕਰਦਾ ਹੈ। (ਉਹ ਮਨੁੱਖ) ਆਪਣੀ (ਇਸ ਮਿਲੀ) ਇੱਜ਼ਤ ਦੇ ਆਨੰਦ ਆਪ ਹੀ ਮਾਣਦਾ ਰਹਿੰਦਾ ਹੈ (ਉਹ ਆਨੰਦ ਬਿਆਨ ਨਹੀਂ ਕੀਤੇ ਜਾ ਸਕਦੇ)।
60184	1419	ਤਿਸ ਕਾ ਕਿਆ ਸਾਲਾਹੀਐ ਭਾਈ ਦਰਸਨ ਕਉ ਬਲਿ ਜਾਇ॥		This Kaa Kiaa Saalaaheeai Bhaaee Dharasan Ko Bal Jaae ||	How can I praise Him, O Siblings of Destiny? I am a sacrifice to the Blessed Vision of His Darshan.	ਉਸ ਮਨੁੱਖ ਦੀ ਸਿਫ਼ਤ (ਪੂਰੇ ਤੌਰ ਤੇ) ਕੀਤੀ ਹੀ ਨਹੀਂ ਜਾ ਸਕਦੀ, ਉਹ ਮਨੁੱਖ ਪਰਮਾਤਮਾ ਦੇ ਦਰਸਨ ਤੋਂ (ਸਦਾ) ਸਦਕੇ ਹੁੰਦਾ ਰਹਿੰਦਾ ਹੈ।

60185	1419	ਸਤਿਗੁਰ ਵਿਚਿ ਵਡੀਆ ਵਡਿਆਈਆ ਭਾਈ ਕਰਮਿ ਮਿਲੈ ਤਾਂ ਪਾਇ॥		Sathigur Vich Vaddeeaa Vaddiaaeeaa Bhaaee Karam Milai Thaan Paae ||	Great is the Glorious Greatness of the True Guru, O Siblings of Destiny; if one is blessed with good karma, He is found.	ਹੇ ਭਾਈ! ਗੁਰੂ ਵਿਚ ਵੱਡੇ ਗੁਣ ਹਨ, (ਜਦੋਂ ਕਿਸੇ ਮਨੁੱਖ ਨੂੰ ਪਰਮਾਤਮਾ ਦੀ) ਮਿਹਰ ਨਾਲ (ਗੁਰੂ) ਮਿਲ ਪੈਂਦਾ ਹੈ, ਤਦੋਂ ਉਹ (ਇਹ ਗੁਣ) ਹਾਸਲ ਕਰ ਲੈਂਦਾ ਹੈ।
60186	1419	ਇਕਿ ਹੁਕਮੁ ਮੰਨਿ ਨ ਜਾਣਨੀ ਭਾਈ ਦੂਜੈ ਭਾਇ ਫਿਰਾਇ॥		Eik Hukam Mann N Jaananee Bhaaee Dhoojai Bhaae Firaae ||	Some do not know how to submit to the Hukam of His Command, O Siblings of Destiny; they wander around lost in the love of duality.	ਪਰ ਕਈ ਬੰਦੇ (ਐਸੇ ਹਨ ਜੋ) ਮਾਇਆ ਦੇ ਮੋਹ ਵਿਚ ਭਟਕ ਭਟਕ ਕੇ (ਗੁਰੂ ਦਾ) ਹੁਕਮ ਮੰਨਣਾ ਨਹੀਂ ਜਾਣਦੇ।
60187	1419	ਸੰਗਤਿ ਢੋਈ ਨਾ ਮਿਲੈ ਭਾਈ ਬੈਸਣਿ ਮਿਲੈ ਨ ਥਾਉ॥		Sangath Dtoee Naa Milai Bhaaee Baisan Milai N Thhaao ||	They find no place of rest in the Sangat, O Siblings of Destiny; they find no place to sit.	ਹੇ ਭਾਈ! (ਅਜਿਹੇ ਮਨੁੱਖਾਂ ਨੂੰ) ਸਾਧ ਸੰਗਤ ਵਿਚ ਆਸਰਾ ਨਹੀਂ ਮਿਲਦਾ, ਸਾਧ ਸੰਗਤ ਵਿਚ ਬੈਠਣ ਲਈ ਥਾਂ ਨਹੀਂ ਮਿਲਦੀ (ਕਿਉਂਕਿ ਉਹ ਤਾਂ ਸੰਗਤ ਵਾਲੇ ਪਾਸੇ ਜਾਂਦੇ ਹੀ ਨਹੀਂ)।

60188	1419	ਨਾਨਕ ਹੁਕਮੁ ਤਿਨਾ ਮਨਾਇਸੀ ਭਾਈ ਜਿਨਾ ਧੁਰੇ ਕਮਾਇਆ ਨਾਉ॥		Naanak Hukam Thinaa Manaaeisee Bhaaee Jinaa Dhhurae Kamaaeiaa Naao ||	Nanak: they alone submit to His Command, O Siblings of Destiny, who are pre-destined to live the Name.	ਹੇ ਨਾਨਕ! (ਆਖ-ਹੇ ਭਾਈ!) ਧੁਰ ਦਰਗਾਹ ਤੋਂ (ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ) ਜਿਨ੍ਹਾਂ ਮਨੁੱਖਾਂ ਨੇ ਹਰਿ-ਨਾਮ ਸਿਮਰਨ ਦੀ ਕਮਾਈ ਕਰਨੀ ਸ਼ੁਰੂ ਕੀਤੀ, ਉਹਨਾਂ ਮਨੁੱਖਾਂ ਤੋਂ ਹੀ (ਪਰਮਾਤਮਾ ਆਪਣੀ) ਰਜ਼ਾ (ਮਿੱਠੀ ਕਰ ਕੇ) ਮਨਾਂਦਾ ਹੈ।
60189	1419	ਤਿਨ੍ ਵਿਟਹੁ ਹਉ ਵਾਰਿਆ ਭਾਈ ਤਿਨ ਕਉ ਸਦ ਬਲਿਹਾਰੈ ਜਾਉ॥੫੧॥		Thinh Vittahu Ho Vaariaa Bhaaee Thin Ko Sadh Balihaarai Jaao ||51||	I am a sacrifice to them, O Siblings of Destiny, I am forever a sacrifice to them. ||51||	ਮੈਂ ਅਜਿਹੇ ਮਨੁੱਖਾਂ ਤੋਂ ਕੁਰਬਾਨ ਜਾਂਦਾ ਹਾਂ, ਸਦਕੇ ਜਾਂਦਾ ਹਾਂ ॥੫੧॥
60190	1419	ਸੇ ਦਾੜੀਆਂ ਸਚੀਆ ਜਿ ਗੁਰ ਚਰਨੀ ਲਗੰਨ੍ਹি॥	ਦਾੜ੍ਹੀਆਂ ਸੱਚੀਆਂ	Sae Dhaarreeaaan Sacheeaa J Gur Charanee Lagannih ||	Those beards are true, which brush the feet of the True Guru.	ਜਿਹੜੇ ਮਨੁੱਖ ਗੁਰੂ ਦੇ ਚਰਨਾਂ ਵਿਚ ਟਿਕੇ ਰਹਿੰਦੇ ਹਨ, ਉਹਨਾਂ ਮਨੁੱਖਾਂ ਦੀਆਂ ਉਹ ਦਾੜ੍ਹੀਆਂ ਸੱਚ-ਮੁੱਚ ਆਦਰ-ਸਤਕਾਰ ਦੀਆਂ ਹੱਕਦਾਰ ਹੋ ਜਾਂਦੀਆਂ ਹਨ।
60191	1419	ਅਨ ਦਿਨੁ ਸੇਵਨਿ ਗੁਰੁ ਆਪਣਾ ਅਨਦਿਨੁ ਅਨਦਿ ਰਹੰਨ੍ਹি॥	ਰ-ਹੰਨ੍ਹি	Anadhin Saevan Gur Aapanaa Anadhin Anadh Rehannih ||	Those who serve their Guru night and day, live in bliss, night and day.	ਜਿਹੜੇ ਮਨੁੱਖ ਹਰ ਵੇਲੇ ਆਪਣੇ ਗੁਰੂ ਦੀ ਸਰਨ ਪਏ ਰਹਿੰਦੇ ਹਨ, ਅਤੇ ਹਰ ਵੇਲੇ ਆਤਮਕ ਆਨੰਦ ਵਿਚ ਲੀਨ ਰਹਿੰਦੇ ਹਨ,

60192	1419	ਨਾਨਕ ਸੇ ਮੁਹ ਸੋਹਣੇ ਸਚੈ ਦਰਿ ਦਿਸੰਨਿ॥੫੨॥	ਦਿ-ਸੰਨਿ	Naanak Sae Muh Sohanae Sachai Dhar Dhisannih ||52||	O Nanak, their faces appear beautiful in the Court of the True Lord. ||52||	ਹੇ ਨਾਨਕ! (ਉਹਨਾਂ ਹੀ ਮਨੁੱਖਾਂ ਦੇ) ਇਹ ਮੂੰਹ ਸਦਾ-ਥਿਰ ਪ੍ਰਭੂ ਦੇ ਦਰ ਤੇ ਸੋਹਣੇ ਦਿੱਸਦੇ ਹਨ ॥੫੨॥
60193	1419	ਮੁਖ ਸਚੇ ਸਚੁ ਦਾੜੀਆ ਸਚੁ ਬੋਲਹਿ ਸਚੁ ਕਮਾਹਿ॥		Mukh Sachae Sach Dhaarreeaa Sach Bolehi Sach Kamaahi ||	True are the faces and true are the beards, of those who speak the Truth and live the Truth.	ਉਹਨਾਂ ਦੇ ਮੂੰਹ ਸੱਚ-ਮੁੱਚ ਸਤਕਾਰ ਦੇ ਹੱਕਦਾਰ ਹੋ ਜਾਂਦੇ ਹਨ, ਉਹਨਾਂ ਦੀਆਂ ਦਾੜ੍ਹੀਆਂ ਆਦਰ ਦੀਆਂ ਹੱਕਦਾਰ ਹੋ ਜਾਂਦੀਆਂ ਹਨ, ਜਿਹੜੇ ਮਨੁੱਖ ਸਦਾ-ਥਿਰ ਹਰਿ-ਨਾਮ ਸਿਮਰਦੇ ਹਨ, ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਮਾਈ ਕਰਦੇ ਰਹਿੰਦੇ ਹਨ,
60194	1419	ਸਚਾ ਸਬਦੁ ਮਨਿ ਵਸਿਆ ਸਤਿਗੁਰ ਮਾਂਹਿ ਸਮਾਂਹਿ॥		Sachaa Sabadh Man Vasiaa Sathigur Maanhi Samaanhi ||	The True Word of the Shabad abides in their minds; they are absorbed in the True Guru.	ਜਿਨ੍ਹਾਂ ਦੇ ਮਨ ਵਿਚ ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦਾ ਸ਼ਬਦ ਹਰ ਵੇਲੇ ਟਿਕਿਆ ਰਹਿੰਦਾ ਹੈ, ਜਿਹੜੇ ਹਰ ਵੇਲੇ ਗੁਰੂ ਵਿਚ ਲੀਨ ਰਹਿੰਦੇ ਹਨ।
60195	1419	ਸਚੀ ਰਾਸੀ ਸਚੁ ਧਨੁ ਉਤਮ ਪਦਵੀ ਪਾਂਹਿ॥		Sachee Raasee Sach Dhhan Outham Padhavee Paanhi ||	True is their capital, and true is their wealth; they are blessed with the ultimate status.	ਉਹਨਾਂ ਮਨੁੱਖਾਂ ਦੇ ਕੋਲ ਸਦਾ-ਥਿਰ ਹਰਿ-ਨਾਮ ਦਾ ਸਰਮਾਇਆ ਧਨ (ਇਕੱਠਾ ਹੋ ਜਾਂਦਾ) ਹੈ। ਉਹ ਮਨੁੱਖ (ਲੋਕ ਪਰਲੋਕ ਵਿਚ) ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦੇ ਹਨ,

60196	1419	ਸਚੁ ਸੁਣਹਿ ਸਚੁ ਮੰਨਿ ਲੈਨਿ ਸਚੀ ਕਾਰ ਕਮਾਹਿ॥		Sach Sunehi Sach Mann Lain Sachee Kaar Kamaahi ||	They hear the Truth, they believe in the Truth; they act and work in the Truth.	ਜਿਹੜੇ ਮਨੁੱਖ (ਹਰ ਵੇਲੇ) ਸਦਾ-ਥਿਰ ਹਰਿ-ਨਾਮ ਸੁਣਦੇ ਹਨ, ਸਦਾ-ਥਿਰ ਹਰਿ-ਨਾਮ ਨੂੰ ਸਿਦਕ-ਸਰਧਾ ਨਾਲ ਆਪਣੇ ਅੰਦਰ ਵਸਾ ਲੈਂਦੇ ਹਨ, ਸਦਾ-ਥਿਰ ਹਰਿ-ਨਾਮ ਸਿਮਰਨ ਦੀ ਕਾਰ ਕਰਦੇ ਹਨ,
60197	1419	ਸਚੀ ਦਰਗਹ ਬੈਸਣਾ ਸਚੇ ਮਾਹਿ ਸਮਾਹਿ ॥		Sachee Dharageh Baisanaa Sachae Maahi Samaahi ||	They are given a place in the Court of the True Lord; they are absorbed in the True Lord.	ਉਹਨਾਂ ਮਨੁੱਖਾਂ ਨੂੰ ਸਦਾ-ਥਿਰ ਪ੍ਰਭੂ ਦੀ ਹਜ਼ੂਰੀ ਵਿਚ ਆਦਰ-ਸਤਕਾਰ ਦੀ ਥਾਂ ਮਿਲਦੀ ਹੈ, ਉਹ ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਹਰ ਵੇਲੇ ਲੀਨ ਰਹਿੰਦੇ ਹਨ।
60198	1419	ਨਾਨਕ ਵਿਣੁ ਸਤਿਗੁਰ ਸਚੁ ਨ ਪਾਈਐ ਮਨਮੁਖ ਭੂਲੇ ਜਾਂਹਿ॥੫੩॥		Naanak Vin Sathigur Sach N Paaeeai Manamukh Bhoolae Jaanhi ||53||	O Nanak, without the True Guru, the True Lord is not found. The self-willed manmukhs leave, wandering around lost. ||53||	ਪਰ, ਹੇ ਨਾਨਕ! ਗੁਰੂ ਦੀ ਸਰਨ ਤੋਂ ਬਿਨਾ ਸਦਾ-ਥਿਰ ਹਰਿ-ਨਾਮ ਨਹੀਂ ਮਿਲਦਾ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਜ਼ਰੂਰ ਜ਼ਿੰਦਗੀ ਦੇ) ਗ਼ਲਤ ਰਸਤੇ ਤੇ ਪਏ ਰਹਿੰਦੇ ਹਨ ॥੫੩॥
60199	1419	ਬਾਬੀਹਾ ਪ੍ਰਿਉ ਪ੍ਰਿਉ ਕਰੇ ਜਲਨਿਧਿ ਪ੍ਰੇਮ ਪਿਆਰਿ॥		Baabeehaa Prio Prio Karae Jalanidhh Praem Piaar ||	The rainbird cries, ""Pri-o! Pri-o! Beloved! Beloved!"" She is in love with the treasure, the water.	(ਜਿਵੇਂ) ਪਪੀਹਾ ਬੱਦਲ ਦੇ ਪ੍ਰੇਮ-ਪਿਆਰ ਵਿਚ (ਵਰਖਾ ਦੀ ਬੂੰਦ ਦੀ ਖ਼ਾਤਰ) 'ਪ੍ਰਿਉ, ਪ੍ਰਿਉ' ਪੁਕਾਰਦਾ ਰਹਿੰਦਾ ਹੈ।

60200	1419	ਗੁਰ ਮਿਲੇ ਸੀਤਲ ਜਲੁ ਪਾਇਆ ਸਭਿ ਦੂਖ ਨਿਵਾਰਣਹਾਰੁ॥		Gur Milae Seethal Jal Paaeiaa Sabh Dhookh Nivaaranehaar ||	Meeting with the Guru, the cooling, soothing water is obtained, and all pain is taken away.	(ਜਦੋਂ ਉਹ ਬੂੰਦ ਉਸ ਨੂੰ ਮਿਲਦੀ ਹੈ, ਤਾਂ ਉਸ ਦੀ ਤ੍ਰਿਹ ਮੁੱਕ ਜਾਂਦੀ ਹੈ, ਉਸ ਦੀ 'ਕੂਕ ਪੁਕਾਰ' ਮੁੱਕ ਜਾਂਦੀ ਪੈ। ਤਿਵੇਂ ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪਰਮਾਤਮਾ ਦੇ ਪ੍ਰੇਮ-ਪਿਆਰ ਵਿਚ ਪਰਮਾਤਮਾ ਦਾ ਨਾਮ ਉਚਾਰਦਾ ਰਹਿੰਦਾ ਹੈ), ਗੁਰੂ ਨੂੰ ਮਿਲਿਆਂ ਉਹ ਆਤਮਕ ਠੰਢ ਵਰਤਾਣ ਵਾਲਾ ਨਾਮ-ਜਲ ਪ੍ਰਾਪਤ ਕਰ ਲੈਂਦਾ ਹੈ, (ਉਹ ਨਾਮ-ਜਲ) ਸਾਰੇ ਦੁੱਖ ਦੂਰ ਕਰਨ ਦੀ ਸਮਰਥਾ ਵਾਲਾ ਹੈ।
60201	1419	ਤਿਸ ਚੁਕੈ ਸਹਜੁ ਊਪਜੈ ਚੁਕੈ ਕੂਕ ਪੁਕਾਰ॥	ਚੁੱਕੈ	This Chukai Sehaj Oopajai Chukai Kook Pukaar ||	My thirst has been quenched, and intuitive peace and poise have welled up; my cries and screams of anguish are past.	(ਇਸ ਨਾਮ-ਜਲ ਦੀ ਬਰਕਤਿ ਨਾਲ, ਉਸ ਦੀ) ਤ੍ਰਿਸ਼ਨਾ ਮੁੱਕ ਜਾਂਦੀ ਹੈ (ਉਸ ਦੇ ਅੰਦਰ) ਆਤਮਕ ਅਡੋਲਤਾ ਪੈਦਾ ਹੋ ਜਾਂਦੀ ਹੈ, (ਮਾਇਆ ਦੀ ਖ਼ਾਤਰ ਉਸ ਦੀ) ਘਬਰਾਹਟ ਖ਼ਤਮ ਹੋ ਜਾਂਦੀ ਹੈ।

60202	1419	ਨਾਨਕ ਗੁਰਮੁਖਿ ਸਾਂਤਿ ਹੋਇ ਨਾਮੁ ਰਖਹੁ ਉਰਿ ਧਾਰਿ॥੫੪॥		Naanak Guramukh Saanth Hoe Naam Rakhahu Our Dhaar ||54||	O Nanak, the Gurmukhs are peaceful and tranquil; they enshrine the Naam, the Name of the Lord, within their hearts. ||54||	ਹੇ ਨਾਨਕ! ਗੁਰੂ ਦੀ ਸਰਨ ਪਿਆਂ (ਨਾਮ ਦੀ ਬਰਕਤਿ ਨਾਲ) ਆਤਮਕ ਠੰਢ ਪ੍ਰਾਪਤ ਹੋ ਜਾਂਦੀ ਹੈ। ਤਾਂ ਤੇ, ਪਰਮਾਤਮਾ ਦਾ ਨਾਮ ਹਿਰਦੇ ਵਿਚ ਵਸਾਈ ਰੱਖੋ ॥੫੪॥
60203	1419	ਬਾਬੀਹਾ ਤੂੰ ਸਚੁ ਚਉ ਸਚੇ ਸਉ ਲਿਵ ਲਾਇ॥		Baabeehaa Thoon Sach Cho Sachae So Liv Laae ||	O rainbird, chirp the True Name, and let yourself be attuned to the True Lord.	ਹੇ ਪਪੀਹੇ! (ਹੇ ਆਤਮਕ ਜੀਵਨ ਦੇਣ ਵਾਲੀ ਨਾਮ-ਬੂੰਦ ਦੇ ਰਸੀਏ!) ਤੂੰ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਨਾਮ ਸਿਮਰਿਆ ਕਰ, ਸਦਾ-ਥਿਰ ਪ੍ਰਭੂ ਨਾਲ ਸੁਰਤ ਜੋੜੀ ਰੱਖਿਆ ਕਰ।
60204	1419	ਬੋਲਿਆ ਤੇਰਾ ਥਾਇ ਪਵੈ ਗੁਰਮੁਖਿ ਹੋਇ ਅਲਾਇ॥		Boliaa Thaeraa Thhaae Pavai Guramukh Hoe Alaae ||	Your word shall be accepted and approved, if you speak as Gurmukh.	ਗੁਰੂ ਦੀ ਸਰਨ ਪੈ ਕੇ (ਹਰਿ-ਨਾਮ) ਉਚਾਰਿਆ ਕਰ, (ਤਦੋਂ ਹੀ) ਤੇਰਾ ਸਿਮਰਨ ਕਰਨ ਦਾ ਉੱਦਮ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਪੈ ਸਕਦਾ ਹੈ।
60205	1419	ਸਬਦੁ ਚੀਨਿ ਤਿਖ ਉਤਰੈ ਮੰਨਿ ਲੈ ਰਜਾਇ॥		Sabadh Cheen Thikh Outharai Mann Lai Rajaae ||	Remember the Shabad, and your thirst shall be relieved; surrender to the Will of the Lord.	ਗੁਰੂ ਦੇ ਸ਼ਬਦ ਨਾਲ ਸਾਂਝ ਪਾ ਕੇ (ਪਰਮਾਤਮਾ ਦੇ) ਹੁਕਮ ਨੂੰ ਭਲਾ ਜਾਣ ਕੇ ਮੰਨਿਆ ਕਰ (ਇਸ ਤਰ੍ਹਾਂ ਮਾਇਆ ਦੀ) ਤ੍ਰਿਸ਼ਨਾ ਦੂਰ ਹੋ ਜਾਂਦੀ ਹੈ।

60206	1420	ਚਾਰੇ ਕੁੰਡਾ ਝੋਕਿ ਵਰਸਦਾ ਬੂੰਦ ਪਵੈ ਸਹਜਿ ਸੁਭਾਇ॥		Chaarae Kunddaa Jhok Varasadhaa Boondh Pavai Sehaj Subhaae ||	The clouds are heavy, hanging low, and the rain is pouring down on all sides; the rain-drop is received, with natural ease.	(ਹੇ ਪਪੀਹੇ! ਇਹ ਨਾਮ-ਜਲ) ਸਾਰੀ ਸ੍ਰਿਸ਼ਟੀ ਵਿਚ ਛਹਬਰ ਲਾਈ ਰੱਖਦਾ ਹੈ (ਪਰ ਇਸ ਦੀ) ਬੂੰਦ (ਉਸ ਮਨੁੱਖ ਦੇ ਮੂੰਹ ਵਿਚ) ਪੈਂਦੀ ਹੈ (ਜਿਹੜਾ) ਆਤਮਕ ਅਡੋਲਤਾ ਵਿਚ ਹੈ (ਜਿਹੜਾ ਪਰਮਾਤਮਾ ਦੇ) ਪ੍ਰੇਮ ਵਿਚ (ਲੀਨ) ਹੈ।
60207	1420	ਜਲ ਹੀ ਤੇ ਸਭ ਊਪਜੈ ਬਿਨੁ ਜਲ ਪਿਆਸ ਨ ਜਾਇ॥		Jal Hee Thae Sabh Oopajai Bin Jal Piaas N Jaae ||	From water, everything is produced; without water, thirst is not quenched.	(ਪ੍ਰਭੂ ਤੋਂ ਹੀ, ਹਰਿ-ਨਾਮ) ਜਲ ਤੋਂ ਹੀ ਸਾਰੀ ਸ੍ਰਿਸ਼ਟੀ ਪੈਦਾ ਹੁੰਦੀ ਹੈ (ਤਾਹੀਏਂ ਹਰਿ-ਨਾਮ) ਜਲ ਤੋਂ ਬਿਨਾ (ਕਿਸੇ ਭੀ ਜੀਵ ਦੀ ਮਾਇਆ ਦੀ) ਤ੍ਰਿਹ ਦੂਰ ਨਹੀਂ ਹੁੰਦੀ।
60208	1420	ਨਾਨਕ ਹਰਿ ਜਲੁ ਜਿਨਿ ਪੀਆ ਤਿਸੁ ਭੂਖ ਨ ਲਾਗੈ ਆਇ॥੫੫॥		Naanak Har Jal Jin Peeaa This Bhookh N Laagai Aae ||55||	O Nanak, whoever drinks in the Water of the Lord, shall never feel hunger again. ||55||	ਹੇ ਨਾਨਕ! ਜਿਸ (ਮਨੁੱਖ) ਨੇ ਹਰਿ-ਨਾਮ ਜਲ ਪੀ ਲਿਆ, ਉਸ ਨੂੰ (ਕਦੇ ਮਾਇਆ ਦੀ) ਭੁੱਖ ਨਹੀਂ ਵਿਆਪਦੀ ॥੫੫॥

60209	1420	ਬਾਬੀਹਾ ਤੂੰ ਸਹਜਿ ਬੋਲਿ ਸਚੈ ਸਬਦਿ ਸੁਭਾਇ॥		Baabeehaa Thoon Sehaj Bol Sachai Sabadh Subhaae ||	O rainbird, speak the Shabad, the True Word of God, with natural peace and poise.	ਹੇ ਪਪੀਹੇ! (ਹੇ ਆਤਮਕ ਜੀਵਨ ਦੇਣ ਵਾਲੀ ਨਾਮ-ਬੂੰਦ ਦੇ ਰਸੀਏ!) ਆਤਮਕ ਅਡੋਲਤਾ ਵਿਚ (ਟਿਕ ਕੇ), ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੇ ਸ਼ਬਦ ਵਿਚ (ਜੁੜ ਕੇ), (ਪ੍ਰਭੂ ਦੇ) ਪਿਆਰ ਵਿਚ (ਟਿਕ ਕੇ), ਤੂੰ (ਹਰੀ ਦਾ ਨਾਮ) ਜਪਿਆ ਕਰ।
60210	1420	ਸਭੁ ਕਿਛੁ ਤੇਰੈ ਨਾਲਿ ਹੈ ਸਤਿਗੁਰਿ ਦੀਆ ਦਿਖਾਇ॥		Sabh Kishh Thaerai Naal Hai Sathigur Dheeaa Dhikhaae ||	Everything is with you; the True Guru will show you this.	ਹੇ ਪਪੀਹੇ! (ਹਰਿ-ਨਾਮ-ਬੂੰਦ ਤੋਂ ਪੈਦਾ ਹੋਣ ਵਾਲਾ) ਹਰੇਕ ਆਨੰਦ ਮੌਜੂਦ ਹੈ (ਪਰ ਇਹ ਆਨੰਦ ਉਸ ਜੀਵ ਨੂੰ ਪ੍ਰਾਪਤ ਹੁੰਦਾ ਹੈ, ਜਿਸ ਨੂੰ) ਗੁਰੂ ਨੇ (ਇਹ) ਵਿਖਾ ਦਿੱਤਾ ਹੈ।
60211	1420	ਆਪੁ ਪਛਾਣਹਿ ਪ੍ਰੀਤਮੁ ਮਿਲੈ ਵੁਠਾ ਛਹਬਰ ਲਾਇ॥		Aap Pashhaanehi Preetham Milai Vuthaa Shhehabar Laae ||	So understand your own self, and meet your Beloved; His Grace shall rain down in torrents.	ਜਿਹੜੇ ਮਨੁੱਖ ਆਪਣੇ ਆਤਮਕ ਜੀਵਨ ਨੂੰ ਪੜਤਾਲਦੇ ਰਹਿੰਦੇ ਹਨ, ਉਹਨਾਂ ਨੂੰ ਪ੍ਰੀਤਮ-ਪ੍ਰਭੂ ਮਿਲ ਪੈਂਦਾ ਹੈ, ਉਹਨਾਂ ਦੇ ਅੰਦਰ (ਸਿਫ਼ਤ-ਸਾਲਾਹ ਦਾ ਬੱਦਲ) ਝੜੀ ਲਾ ਕੇ ਆ ਵੱਸਦਾ ਹੈ।

60212	1420	ਝਿਮਿ ਝਿਮਿ ਅੰਮ੍ਰਿਤੁ ਵਰਸਦਾ ਤਿਸਨਾ ਭੁਖ ਸਭ ਜਾਇ॥		Jhim Jhim Anmrith Varasadhaa Thisanaa Bhukh Sabh Jaae ||	Drop by drop, the Ambrosial Nectar rains down softly and gently; thirst and hunger are completely gone.	ਉਹਨਾਂ ਦੇ ਅੰਦਰ ਸਹਜੇ ਸਹਜੇ ਅਡੋਲ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ ਵਰਖਾ ਹੁੰਦੀ ਰਹਿੰਦੀ ਹੈ (ਉਹਨਾਂ ਦੇ ਅੰਦਰੋਂ) ਮਾਇਆ ਦੀ ਸਾਰੀ ਤ੍ਰਿਸ਼ਨਾ ਮਾਇਆ ਦੀ ਸਾਰੀ ਭੁੱਖ ਦੂਰ ਹੋ ਜਾਂਦੀ ਹੈ।
60213	1420	ਕੂਕ ਪੁਕਾਰ ਨ ਹੋਵਈ ਜੋਤੀ ਜੋਤਿ ਮਿਲਾਇ॥		Kook Pukaar N Hovee Jothee Joth Milaae ||	Your cries and screams of anguish have ceased; your light shall merge into the Light.	ਮਾਇਆ ਦੇ ਮੋਹ ਦਾ ਸਾਰਾ ਰੌਲਾ ਉਹਨਾਂ ਦੇ ਅੰਦਰੋਂ ਮੁੱਕ ਜਾਂਦਾ ਹੈ, ਉਹਨਾਂ ਦੀ ਜਿੰਦ ਪ੍ਰਭੂ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ।
60214	1420	ਨਾਨਕ ਸੁਖਿ ਸਵਨ੍ਹਿ ਸੋਹਾਗਣੀ ਸਚੈ ਨਾਮਿ ਸਮਾਇ॥੫੬॥		Naanak Sukh Savanih Sohaaganee Sachai Naam Samaae ||56||	O Nanak, the happy soul-brides sleep in peace; they are absorbed in the True Name. ||56||	ਹੇ ਨਾਨਕ! ਸਦਾ-ਥਿਰ ਹਰਿ-ਨਾਮ ਵਿਚ ਲੀਨ ਹੋ ਕੇ ਭਾਗਾਂ ਵਾਲੀਆਂ ਜੀਵ-ਇਸਤ੍ਰੀਆਂ ਆਤਮਕ ਆਨੰਦ ਵਿਚ ਟਿਕੀਆਂ ਰਹਿੰਦੀਆਂ ਹਨ ॥੫੬॥
60215	1420	ਧੁਰਹੁ ਖਸਮਿ ਭੇਜਿਆ ਸਚੈ ਹੁਕਮਿ ਪਠਾਇ॥		Dhhurahu Khasam Bhaejiaa Sachai Hukam Pathaae ||	The Primal Lord and Master has sent out the True Hukam of His Command.	ਸਦਾ ਕਾਇਮ ਰਹਿਣ ਵਾਲੇ ਮਾਲਕ-ਪ੍ਰਭੂ ਨੇ ਧੁਰ ਦਰਗਾਹ ਤੋਂ (ਆਪਣੇ) ਹੁਕਮ ਅਨੁਸਾਰ (ਹੀ) ਪ੍ਰੇਰ ਕੇ (ਇੰਦਰ ਦੇਵਤੇ ਨੂੰ, ਗੁਰੂ ਨੂੰ ਸਦਾ) ਭੇਜਿਆ ਹੈ।

60216	1420	ਇੰਦ੍ਰ ਵਰਸੈ ਦਇਆ ਕਰਿ ਗੂੜ੍ਹੀ ਛਹਬਰ ਲਾਇ॥		Eindh Varasai Dhaeiaa Kar Goorrhee Shhehabar Laae ||	Indra mercifully sends forth the rain, which falls in torrents.	(ਉਸ ਦੇ ਹੁਕਮ ਵਿਚ ਹੀ) ਮਿਹਰ ਕਰ ਕੇ ਬੱਦਲ (-ਗੁਰੂ) ਡੂੰਘੀ ਝੜੀ ਲਾ ਕੇ ਵਰਖਾ ਕਰਦਾ ਹੈ।
60217	1420	ਬਾਬੀਹੇ ਤਨਿ ਮਨਿ ਸੁਖੁ ਹੋਇ ਜਾਂ ਤਤੁ ਬੂੰਦ ਮੁਹਿ ਪਾਇ॥		Baabeehae Than Man Sukh Hoe Jaan Thath Boondh Muhi Paae ||	The body and mind of the rainbird are happy. only when the rain-drop falls into its mouth.	ਜਦੋਂ ਪਪੀਹਾ (ਆਤਮਕ ਜੀਵਨ ਦੇਣ ਵਾਲੀ ਨਾਮ-ਬੂੰਦ ਦਾ ਰਸੀਆ) ਨਾਮ-ਬੂੰਦ (ਆਪਣੇ) ਮੂੰਹ ਵਿਚ ਪਾਂਦਾ ਹੈ, ਤਦੋਂ ਉਸ ਦੇ ਤਨ ਵਿਚ ਆਨੰਦ ਪੈਦਾ ਹੁੰਦਾ ਹੈ।
60218	1420	ਅਨੁ ਧਨੁ ਬਹੁਤਾ ਉਪਜੈ ਧਰਤੀ ਸੋਭਾ ਪਾਇ॥	ਅੰਨੁ	An Dhhan Bahuthaa Oupajai Dhharathee Sobhaa Paae ||	The corn grows high, wealth increases, and the earth is embellished with beauty.	(ਜਿਵੇਂ ਵਰਖਾ ਨਾਲ) ਧਰਤੀ ਹਰੀਆਵਲੀ ਹੋ ਜਾਂਦੀ ਹੈ, (ਉਸ ਵਿਚ) ਬਹੁਤ ਅੰਨ ਪੈਦਾ ਹੁੰਦਾ ਹੈ,
60219	1420	ਅਨ ਦਿਨੁ ਲੋਕੁ ਭਗਤਿ ਕਰੇ ਗੁਰ ਕੈ ਸਬਦਿ ਸਮਾਇ॥		Anadhin Lok Bhagath Karae Gur Kai Sabadh Samaae ||	Night and day, people worship the Lord with devotion, and are absorbed in the Word of the Guru's Shabad.	(ਤਿਵੇਂ) ਗੁਰੂ ਦੇ ਸ਼ਬਦ ਵਿਚ ਲੀਨ ਹੋ ਕੇ ਜਗਤ ਹਰ ਵੇਲੇ ਪਰਮਾਤਮਾ ਦੀ ਭਗਤੀ ਕਰਨ ਲੱਗ ਪੈਂਦਾ ਹੈ।
60220	1420	ਆਪੇ ਸਚਾ ਬਖਸ ਲਏ ਕਰਿ ਕਿਰਪਾ ਕਰੈ ਰਜਾਇ॥		Aapae Sachaa Bakhas Leae Kar Kirapaa Karai Rajaae ||	The True Lord Himself forgives them, and showering them with His Mercy, He leads them to walk in His Will.	ਸਦਾ ਕਾਇਮ ਰਹਿਣ ਵਾਲਾ ਪ੍ਰਭੂ ਆਪ ਹੀ (ਗੁਰੂ ਦੀ ਸਰਨ ਪਈ ਲੁਕਾਈ ਉਤੇ) ਬਖ਼ਸ਼ਸ਼ ਕਰਦਾ ਹੈ, ਮਿਹਰ ਕਰ ਕੇ ਆਪਣਾ ਹੁਕਮ ਵਰਤਾਂਦਾ ਹੈ।

60221	1420	ਹਰਿ ਗੁਣ ਗਾਵਹੁ ਕਾਮਣੀ ਸਚੈ ਸਬਦਿ ਸਮਾਇ॥	ਕਾਮਣੀ	Har Gun Gaavahu Kaamanee Sachai Sabadh Samaae ||	O brides, sing the Glorious Praises of the Lord, and be absorbed in the True Word of His Shabad.	ਹੇ ਜੀਵ-ਇਸਤ੍ਰੀ! ਸਦਾ-ਥਿਰ ਪ੍ਰਭੂ ਦੀ ਸਿਫ਼ਤ-ਸਾਲਾਹ ਦੀ ਬਾਣੀ ਵਿਚ ਲੀਨ ਹੋ ਕੇ ਪਰਮਾਤਮਾ ਦੇ ਗੁਣ ਗਾਇਆ ਕਰ,
60222	1420	ਭੈ ਕਾ ਸਹਜੁ ਸੀਗਾਰੁ ਕਰਿਹੁ ਸਚਿ ਰਹਹੁ ਲਿਵ ਲਾਇ॥	ਕਰਿ-ਹੁ	Bhai Kaa Sehaj Seegaar Karihu Sach Rehahu Liv Laae ||	Let the Fear of God be your decoration, and remain lovingly attuned to the True Lord.	(ਪ੍ਰਭੂ ਦੇ) ਡਰ-ਅਦਬ ਤੋਂ ਪੈਦਾ ਹੋਈ ਆਤਮਕ ਅਡੋਲਤਾ ਨੂੰ (ਆਪਣੇ ਜੀਵਨ ਦਾ) ਸਿੰਗਾਰ ਬਣਾਈ ਰੱਖ, ਸਦਾ-ਥਿਰ ਹਰੀ ਵਿਚ ਸੁਰਤ ਜੋੜ ਕੇ ਟਿਕੀ ਰਿਹਾ ਕਰ।
60223	1420	ਨਾਨਕ ਨਾਮੋ ਮਨਿ ਵਸੈ ਹਰਿ ਦਰਗਹ ਲਏ ਛਡਾਇ॥੫੭॥		Naanak Naamo Man Vasai Har Dharageh Leae Shhaddaae ||57||	O Nanak, the Naam abides in the mind, and the mortal is saved in the Court of the Lord. ||57||	ਹੇ ਨਾਨਕ! ਜਿਸ ਦੇ ਮਨ ਵਿਚ ਹਰਿ-ਨਾਮ ਹੀ ਟਿਕਿਆ ਰਹਿੰਦਾ ਹੈ, ਪਰਮਾਤਮਾ ਉਸ ਨੂੰ ਦਰਗਾਹ ਵਿਚ ਲੇਖੇ ਤੋਂ ਬਚਾ ਲੈਂਦਾ ਹੈ ॥੫੭॥
60224	1420	ਬਾਬੀਹਾ ਸਗਲੀ ਧਰਤੀ ਜੇ ਫਿਰਹਿ ਊਡਿ ਚੜਹਿ ਆਕਾਸਿ॥		Baabeehaa Sagalee Dhharathee Jae Firehi Oodd Charrehi Aakaas ||	The rainbird wanders all over the earth, soaring high through the skies.	ਹੇ ਆਤਮਕ ਜੀਵਨ ਦੇਣ ਵਾਲੀ ਨਾਮ-ਬੂੰਦ ਦੇ ਰਸੀਏ! (ਗੁਰੂ ਨੂੰ ਛੱਡ ਕੇ) ਤੂੰ (ਤੀਰਥ-ਜਾਤ੍ਰਾ ਆਦਿਕ ਦੀ ਖ਼ਾਤਰ) ਸਾਰੀ ਧਰਤੀ ਉਤੇ ਰਟਨ ਕਰਦਾ ਫਿਰੇਂ, ਜੇ ਤੂੰ (ਮਾਨਸਕ ਸ਼ਕਤੀਆਂ ਦੀ ਮਦਦ ਨਾਲ) ਉੱਡ ਕੇ ਆਕਾਸ਼ ਵਿਚ ਭੀ ਜਾ ਪਹੁੰਚੇਂ,

60225	1420	ਸਤਿਗੁਰਿ ਮਿਲਿਐ ਜਲੁ ਪਾਈਐ ਚੂਕੈ ਭੂਖ ਪਿਆਸ॥		Sathigur Miliai Jal Paaeeai Chookai Bhookh Piaas ||	But it obtains the drop of water, only when it meets the True Guru, and then, its hunger and thirst are relieved.	(ਤਾਂ ਭੀ ਇਸ ਤਰ੍ਹਾਂ ਮਾਇਆ ਦੀ ਤ੍ਰਿਸ਼ਨਾ ਮਾਇਆ ਦੀ ਭੁੱਖ ਨਹੀਂ ਮਿਟਦੀ। ਨਾਮ-ਜਲ ਨਾਲ ਹੀ ਮਾਇਆ ਦੀ) ਭੁੱਖ ਤ੍ਰਿਹ ਮਿਟਦੀ ਹੈ (ਅਤੇ ਉਹ ਨਾਮ-) ਜਲ ਗੁਰੂ ਮਿਲਿਆਂ (ਹੀ) ਪ੍ਰਾਪਤ ਹੁੰਦਾ ਹੈ।
60226	1420	ਜੀਉ ਪਿੰਡੁ ਸਭੁ ਤਿਸ ਕਾ ਸਭੁ ਕਿਛੁ ਤਿਸ ਕੈ ਪਾਸਿ॥		Jeeo Pindd Sabh This Kaa Sabh Kishh This Kai Paas ||	Soul and body and all belong to Him; everything is His.	ਇਹ ਜਿੰਦ ਇਹ ਸਰੀਰ ਸਭ ਕੁਝ ਉਸ (ਪਰਮਾਤਮਾ) ਦਾ ਹੀ ਦਿੱਤਾ ਹੋਇਆ ਹੈ, ਹਰੇਕ ਦਾਤ ਉਸ ਦੇ ਹੀ ਵੱਸ ਵਿਚ ਹੈ।
60227	1420	ਵਿਣੁ ਬੋਲਿਆ ਸਭੁ ਕਿਛੁ ਜਾਣਦਾ ਕਿਸੁ ਆਗੈ ਕੀਚੈ ਅਰਦਾਸਿ॥		Vin Boliaa Sabh Kishh Jaanadhaa Kis Aagai Keechai Aradhaas ||	He knows everything, without being told; unto whom should we offer our prayers?	(ਜੀਵਾਂ ਦੇ) ਬੋਲਣ ਤੋਂ ਬਿਨਾ ਹੀ (ਹਰੇਕ ਜੀਵ ਦੀ) ਹਰੇਕ ਲੋੜ ਉਹ ਜਾਣਦਾ ਹੈ, (ਉਸ ਨੂੰ ਛੱਡ ਕੇ) ਹੋਰ ਕਿਸ ਅੱਗੇ ਅਰਦਾਸ ਕੀਤੀ ਜਾ ਸਕਦੀ ਹੈ?
60228	1420	ਨਾਨਕ ਘਟਿ ਘਟਿ ਏਕੋ ਵਰਤਦਾ ਸਬਦਿ ਕਰੇ ਪਰਗਾਸ॥੫੮॥		Naanak Ghatt Ghatt Eaeko Varathadhaa Sabadh Karae Paragaas ||58||	O Nanak, the One Lord is prevading and permeating each and every heart; the Word of the Shabad brings illumination. ||58||	ਹੇ ਨਾਨਕ? ਹਰੇਕ ਸਰੀਰ ਵਿਚ ਉਹ ਪਰਮਾਤਮਾ ਆਪ ਹੀ ਮੌਜੂਦ ਹੈ, (ਗੁਰੂ ਦੇ) ਸ਼ਬਦ ਦੀ ਰਾਹੀਂ (ਹਰੇਕ ਜੀਵ ਦੇ ਅੰਦਰ ਆਤਮਕ ਜੀਵਨ ਦਾ) ਚਾਨਣ (ਉਹ ਆਪ ਹੀ) ਕਰਦਾ ਹੈ ॥੫੮॥

60229	1420	ਨਾਨਕ ਤਿਸੈ ਬਸੰਤੁ ਹੈ ਜਿ ਸਤਿਗੁਰੁ ਸੇਵਿ ਸਮਾਇ॥		Naanak Thisai Basanth Hai J Sathigur Saev Samaae ||	O Nanak, the season of spring comes to one who serves the True Guru.	(ਜਿਵੇਂ ਬਸੰਤ ਰੁੱਤ ਆਉਣ ਤੇ ਸਾਰਾ ਜਗਤ ਹਰਾ-ਭਰਾ ਹੋ ਜਾਂਦਾ ਹੈ, ਤਿਵੇਂ) ਹੇ ਨਾਨਕ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਹਰਿ-ਨਾਮ ਵਿਚ) ਲੀਨ ਰਹਿੰਦਾ ਹੈ ਉਸ ਦੇ ਅੰਦਰ ਆਤਮਕ ਖਿੜਾਉ ਦੀ ਰੁੱਤ ਬਣੀ ਰਹਿੰਦੀ ਹੈ।
60230	1420	ਹਰਿ ਵੁਠਾ ਮਨੁ ਤਨੁ ਸਭੁ ਪਰਫੜੈ ਸਭੁ ਜਗੁ ਹਰੀਆਵਲੁ ਹੋਇ॥੫੯॥	ਵੁੱਠਾ। ਪਰ-ਫੜੈ। ਹਰੀ-ਆਵਲੁ: ਬਿਹਾਰੀ ਦੱਬ ਕੇ ਬੋਲੋ	Har Vuthaa Man Than Sabh Parafarrai Sabh Jag Hareeaaval Hoe ||59||	The Lord rains His Mercy down upon him, and his mind and body totally blossom forth; the entire world becomes green and rejuvenated. ||59||	(ਜਦੋਂ ਮਨੁੱਖ ਦੇ ਅੰਦਰ) ਪਰਮਾਤਮਾ ਆ ਵੱਸਦਾ ਹੈ, ਉਸ ਦਾ ਤਨ ਉਸ ਦਾ ਮਨ (ਆਤਮਕ ਆਨੰਦ ਨਾਲ) ਖਿੜ ਪੈਂਦਾ ਹੈ ॥੫੯॥
60231	1420	ਸਬਦੇ ਸਦਾ ਬਸੰਤੁ ਹੈ ਜਿਤੁ ਤਨੁ ਮਨੁ ਹਰਿਆ ਹੋਇ॥		Sabadhae Sadhaa Basanth Hai Jith Than Man Hariaa Hoe ||	The Word of the Shabad brings eternal spring; it rejuvenates the mind and body.	ਹੇ ਨਾਨਕ! ਸ਼ਬਦ ਦੀ ਬਰਕਤ ਰਾਹੀਂ ਮਨੁੱਖ ਦੇ ਅੰਦਰ ਸਦਾ ਲਈ ਖਿੜਾਉ ਦੀ ਰੁੱਤ ਬਣ ਜਾਂਦੀ ਹੈ ਜਿਸ ਦੀ ਬਰਕਤਿ ਨਾਲ ਉਸ ਦਾ ਮਨ ਆਨੰਦ-ਭਰਪੂਰ ਹੋ ਜਾਂਦਾ ਹੈ।
60232	1420	ਨਾਨਕ ਨਾਮੁ ਨ ਵੀਸਰੈ ਜਿਨਿ ਸਿਰਿਆ ਸਭੁ ਕੋਇ॥੬੦॥		Naanak Naam N Veesarai Jin Siriaa Sabh Koe ||60||	O Nanak, do not forget the Naam, the Name of the Lord, which has created everyone. ||60||	ਜਿਸ (ਪਰਮਾਤਮਾ) ਨੇ ਹਰੇਕ ਜੀਵ ਪੈਦਾ ਕੀਤਾ ਹੈ (ਉਸ ਮਨੁੱਖ ਨੂੰ ਉਸ ਦਾ) ਨਾਮ (ਕਦੇ) ਨਹੀਂ ਭੁੱਲਦਾ ॥੬੦॥

60233	1420	ਨਾਨਕ ਤਿਨਾ ਬਸੰਤੁ ਹੈ ਜਿਨਾ ਗੁਰਮੁਖਿ ਵਸਿਆ ਮਨਿ ਸੋਇ॥		Naanak Thinaa Basanth Hai Jinaa Guramukh Vasiaa Man Soe ||	O Nanak, it is the spring season, for those Gurmukhs, within whose minds the Lord abides.	ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਉਹ (ਪਰਮਾਤਮਾ) ਆ ਵੱਸਦਾ ਹੈ, ਉਹਨਾਂ ਦੇ ਅੰਦਰ ਆਤਮਕ ਖਿੜਾਉ ਦਾ ਸਮਾ ਬਣਿਆ ਰਹਿੰਦਾ ਹੈ।
60234	1420	ਹਰਿ ਵੁਠੈ ਮਨੁ ਤਨੁ ਪਰਫੜੈ ਸਭੁ ਜਗੁ ਹਰਿਆ ਹੋਇ॥੬੧॥	ਵੁੱਠੈ	Har Vuthai Man Than Parafarrai Sabh Jag Hariaa Hoe ||61||	When the Lord showers His Mercy, the mind and body blossom forth, and all the world turns green and lush. ||61||	(ਜਿਵੇਂ ਬਸੰਤ ਰੁੱਤੇ) ਸਾਰਾ ਜਗਤ ਹਰਾ-ਭਰਾ ਹੋ ਜਾਂਦਾ ਹੈ (ਤਿਵੇਂ, ਜਿਸ ਮਨੁੱਖ ਦੇ ਅੰਦਰ) ਪਰਮਾਤਮਾ ਆ ਵੱਸਦਾ ਹੈ (ਉਸ ਦਾ) ਮਨ (ਉਸ ਦਾ) ਤਨ ਖਿੜ ਪੈਂਦਾ ਹੈ ॥੬੧॥
60235	1420	ਵਡੜੈ ਝਾਲਿ ਝਲੁੰਭਲੈ ਨਾਵੜਾ ਲਈਐ ਕਿਸੁ॥	ਵੱਡੇ ਤੋਂ ਵੱਡੇ (ਝਲੁੰਭਲੈ) ਤੜਕੇ ਵਾ ਮਨੁੱਖਾ ਜਨਮ	Vaddarrai Jhaal Jhalunbhalai Naavarraa Leeai Kis ||	In the early hours of the morning, whose name should we chant?	ਹੇ ਭਾਈ ਸੁਵਖਤੇ ਘੁਸਮੁਸੇ (ਵੇਲੇ ਉੱਠ ਕੇ) ਕਿਸ ਦਾ ਸੋਹਣਾ ਨਾਮ ਲੈਣਾ ਚਾਹੀਦਾ ਹੈ?
60236	1420	ਨਾਉ ਲਈਐ ਪਰਮੇਸਰੈ ਭੰਨਣ ਘੜਣ ਸਮਰਥੁ॥੬੨॥	ਸਮ-ਰੱਥੁ	Naao Leeai Paramaesarai Bhannan Gharran Samarathh ||62||	Chant the Name of the Transcendent Lord, who is All-powerful to create and destroy. ||62||	ਉਸ ਪਰਮੇਸਰ ਦਾ ਨਾਮ ਲੈਣਾ ਚਾਹੀਦਾ ਹੈ ਜੋ (ਜੀਵਾਂ ਨੂੰ) ਪੈਦਾ ਕਰਨ ਤੇ ਨਾਸ ਕਰਨ ਦੀ ਸਮਰਥਾ ਵਾਲਾ ਹੈ ॥੬੨॥

60237	1420	ਹਰਹਟ ਭੀ ਤੂੰ ਤੂੰ ਕਰਹਿ ਬੋਲਹਿ ਭਲੀ ਬਾਣਿ॥	ਸਾਰਿਆਂ ਪਾਸਿਆਂ ਤੋਂ (ਹਰਹਟ) ਹਟ ਕੇ, (ਬਾਣਿ) ਬਾਣੀ	Harehatt Bhee Thoon Thoon Karehi Bolehi Bhalee Baan ||	The Persian wheel also cries out, ""Too! Too! You! You!"", with sweet and sublime sounds.	ਹਲਟ ਭੀ (ਚੱਲਦੇ ਖੂਹ ਭੀ ਆਵਾਜ਼ ਕੱਢਦੇ ਇਉਂ ਜਾਪਦੇ ਹਨ ਕਿ) 'ਤੂੰ ਤੂੰ' ਕਰ ਰਹੇ ਹਨ, ਅਤੇ ਮਿੱਠੀ ਸੁਰ ਵਿਚ ਆਵਾਜ਼ ਕੱਢਦੇ ਹਨ (ਪਰ ਉਹ ਭਗਤੀ ਤਾਂ ਨਹੀਂ ਕਰ ਰਹੇ)।
60238	1420	ਸਾਹਿਬੁ ਸਦਾ ਹਦੂਰਿ ਹੈ ਕਿਆ ਉਚੀ ਕਰਹਿ ਪੁਕਾਰ॥		Saahib Sadhaa Hadhoor Hai Kiaa Ouchee Karehi Pukaar ||	Our Lord and Master is always present; why do you cry out to Him in such a loud voice?	ਮਾਲਕ-ਪ੍ਰਭੂ ਤਾਂ ਸਦਾ ਤੇਰੇ ਨਾਲ ਵੱਸਦਾ ਹੈ (ਉਸ ਅੰਦਰ-ਵੱਸਦੇ ਨੂੰ ਭੁਲਾ ਕੇ ਬਾਹਰ ਲੋਕ-ਵਿਖਾਵੇ ਲਈ) ਤੂੰ ਕਿਉਂ ਉੱਚੀ ਉੱਚੀ ਪੁਕਾਰਦਾ ਹੈਂ?
60239	1420	ਜਿਨਿ ਜਗਤੁ ਉਪਾਇ ਹਰਿ ਰੰਗੁ ਕੀਆ ਤਿਸੈ ਵਿਟਹੁ ਕੁਰਬਾਣੁ॥	ਜੱਗਤੁ	Jin Jagath Oupaae Har Rang Keeaa Thisai Vittahu Kurabaan ||	I am a sacrifice to that Lord who created the world, and who loves it.	ਜਿਸ ਹਰੀ ਨੇ ਇਹ ਜਗਤ ਪੈਦਾ ਕਰ ਕੇ ਇਹ ਖੇਲ-ਤਮਾਸ਼ਾ ਬਣਾਇਆ ਹੈ, ਉਸ ਤੋਂ ਸਦਕੇ ਹੋਇਆ ਕਰ।
60240	1420	ਆਪੁ ਛੋਡਹਿ ਤਾਂ ਸਹੁ ਮਿਲੈ ਸਚਾ ਏਹੁ ਵੀਚਾਰੁ॥		Aap Shhoddehi Thaan Sahu Milai Sachaa Eaehu Veechaar ||	Give up your selfishness, and then you shall meet your Husband Lord. Consider this Truth.	ਸਦਾ ਕਾਇਮ ਰਹਿਣ ਵਾਲਾ ਵਿਚਾਰ ਇਹ ਹੈ ਕਿ ਜੇ ਤੂੰ (ਆਪਣੇ ਅੰਦਰੋਂ) ਆਪਾ ਭਾਵ ਛੱਡ ਦੇਵੇਂਗਾ, ਤਾਂ ਤੈਨੂੰ ਪਰਮਾਤਮਾ ਮਿਲ ਪਏਗਾ।

60241	1420	ਹਉਮੈ ਫਿਕਾ ਬੋਲਣਾ ਬੁਝਿ ਨ ਸਕਾ ਕਾਰ॥	ਫਿੱਕਾ,ਬੁੱਝਿ	Houmai Fikaa Bolanaa Bujh N Sakaa Kaar ||	Speaking in shallow egotism, no one understands the Ways of God.	ਹਉਮੈ ਅਹੰਕਾਰ ਦੇ ਆਸਰੇ ('ਤੂੰ ਤੂੰ') ਬੋਲਦਾ (ਭੀ) ਬੇ-ਸੁਆਦਾ ਰਹਿੰਦਾ ਹੈ (ਆਤਮਕ ਜੀਵਨ ਦਾ ਹੁਲਾਰਾ ਪੈਦਾ ਨਹੀਂ ਕਰ ਸਕਦਾ)। (ਜੇ ਮੈਂ ਸਦਾ ਹਉਮੈ ਦੇ ਆਸਰੇ ਹੀ 'ਤੂੰ ਤੂੰ' ਬੋਲਦਾ ਰਹਾਂ, ਤਾਂ) ਮੈਂ ਪਰਮਾਤਮਾ ਨਾਲ ਮਿਲ ਸਕਣ ਵਾਲਾ) ਕਰਤੱਬ ਸਮਝ ਨਹੀਂ ਸਕਦਾ।
60242	1420	ਵਣੁ ਤ੍ਰਿਣੁ ਤ੍ਰਿਭਵਣੁ ਤੁਝੈ ਧਿਆਇਦਾ ਅਨ ਦਿਨੁ ਸਦਾ ਵਿਹਾਣ॥		Van Thrin Thribhavan Thujhai Dhhiaaeidhaa Anadhin Sadhaa Vihaan ||	The forests and fields, and all the three worlds meditate on You, O Lord; this is the way they pass their days and nights forever.	ਹੇ ਪ੍ਰਭੂ! ਜੰਗਲ, (ਜੰਗਲ ਦਾ) ਘਾਹ, ਸਾਰਾ ਜਗਤ ਤੈਨੂੰ ਹੀ ਸਿਮਰ ਰਿਹਾ ਹੈ। ਹਰੇਕ ਦਿਹਾੜਾ ਸਦਾ ਸਾਰਾ ਸਮਾ (ਤੇਰੀ ਹੀ ਯਾਦ ਵਿਚ) ਬੀਤ ਰਿਹਾ ਹੈ।
60243	1420	ਬਿਨੁ ਸਤਿਗੁਰ ਕਿਨੈ ਨ ਪਾਇਆ ਕਰਿ ਕਰਿ ਥਕੇ ਵੀਚਾਰ॥		Bin Sathigur Kinai N Paaeiaa Kar Kar Thhakae Veechaar ||	Without the True Guru, no one finds the Lord. People have grown weary of thinking about it.	ਪਰ (ਅਨੇਕਾਂ ਹੀ ਪੰਡਿਤ ਲੋਕ) ਸੋਚਾਂ ਵਿਚਾਰਾਂ ਕਰ ਕੇ ਥੱਕਦੇ ਆ ਰਹੇ ਹਨ, ਗੁਰੂ ਦੀ ਸਰਨ ਪੈਣ ਤੋਂ ਬਿਨਾ ਕਿਸੇ ਨੇ ਤੇਰਾ ਮਿਲਾਪ ਪ੍ਰਾਪਤ ਨਹੀਂ ਕੀਤਾ।
60244	1421	ਨਦਰਿ ਕਰਹਿ ਜੇ ਆਪਣੀ ਤਾਂ ਆਪੇ ਲੈਹਿ ਸਵਾਰਿ॥		Nadhar Karehi Jae Aapanee Thaan Aapae Laihi Savaar ||	But if the Lord casts His Glance of Grace, then He Himself embellishes us.	ਜੇ ਤੂੰ ਮਿਹਰ ਦੀ ਨਿਗਾਹ ਕਰੇਂ, ਤਾਂ ਤੂੰ ਆਪ ਹੀ (ਜੀਵਾਂ ਦੇ ਆਤਮਕ ਜੀਵਨ) ਸੋਹਣੇ ਬਣਾ ਲੈਂਦਾ ਹੈਂ।

60245	1421	ਨਾਨਕ ਗੁਰਮੁਖਿ ਜਿਨ੍ਹੀ ਧਿਆਇਆ ਆਏ ਸੇ ਪਰਵਾਣੁ॥੬੩॥		Naanak Guramukh Jinhee Dhhiaaeiaa Aaeae Sae Paravaan ||63||	O Nanak, the Gurmukhs meditate on the Lord; blessed and approved is their coming into the world. ||63||	ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਮਨੁੱਖਾਂ ਨੇ ਪ੍ਰਭੂ ਦਾ ਨਾਮ ਸਿਮਰਿਆ ਹੈ, ਜਗਤ ਵਿਚ ਉਹੀ ਜੰਮੇ (ਪ੍ਰਭੂ ਦੀ ਹਜ਼ੂਰੀ ਵਿਚ) ਕਬੂਲ ਹੁੰਦੇ ਹਨ ॥੬੩॥
60246	1421	ਜੋਗੁ ਨ ਭਗਵੀ ਕਪੜੀ ਜੋਗੁ ਨ ਮੈਲੇ ਵੇਸਿ॥		Jog N Bhagavee Kaparree Jog N Mailae Vaes ||	Yoga is not obtained by wearing saffron robes; Yoga is not obtained by wearing dirty robes.	(ਗ੍ਰਿਹਸਤ ਤਿਆਗ ਕੇ) ਗੇਰੂਏ ਰੰਗ ਦੇ ਕੱਪੜਿਆਂ ਨਾਲ ਜਾਂ ਮੈਲੇ ਪਹਿਰਾਵੇ ਨਾਲ (ਪਰਮਾਤਮਾ ਦਾ) ਮਿਲਾਪ ਨਹੀਂ ਹੋ ਜਾਂਦਾ।
60247	1421	ਨਾਨਕ ਘਰਿ ਬੈਠਿਆ ਜੋਗੁ ਪਾਈਐ ਸਤਿਗੁਰ ਕੈ ਉਪਦੇਸਿ॥੬੪॥		Naanak Ghar Baithiaa Jog Paaeeai Sathigur Kai Oupadhaes ||64||	O Nanak, Yoga is obtained even while sitting in your own home, by following the Teachings of the True Guru. ||64||	ਪਰ, ਹਾਂ, ਹੇ ਨਾਨਕ! ਗੁਰੂ ਦੇ ਉਪਦੇਸ਼ ਦੀ ਰਾਹੀਂ ਗ੍ਰਿਹਸਤ ਵਿਚ ਰਹਿੰਦਿਆਂ ਹੀ (ਪਰਮਾਤਮਾ ਨਾਲ) ਮਿਲਾਪ ਹੋ ਸਕਦਾ ਹੈ ॥੬੪॥
60248	1421	ਚਾਰੇ ਕੁੰਡਾ ਜੇ ਭਵਹਿ ਬੇਦ ਪੜਹਿ ਜੁਗ ਚਾਰਿ॥	ਪੜ੍ਹਿ	Chaarae Kunddaa Jae Bhavehi Baedh Parrehi Jug Chaar ||	You may wander in all four directions, and read the Vedas throughout the four ages.	(ਗ੍ਰਿਹਸਤ ਛੱਡ ਕੇ) ਜੇ ਤੂੰ (ਧਰਤੀ ਤੇ) ਚੌਹੀਂ ਪਾਸੀਂ ਤੁਰਿਆ ਫਿਰੇਂ, ਤੇ, ਜੇ ਤੂੰ ਸਦਾ ਹੀ ਵੇਦ (ਆਦਿਕ ਧਰਮ-ਪੁਸਤਕ) ਪੜ੍ਹਦਾ ਰਹੇਂ (ਤਾਂ ਭੀ ਵਿਕਾਰਾਂ ਤੋਂ ਖ਼ਲਾਸੀ ਦਾ ਰਸਤਾ ਨਹੀਂ ਲੱਭ ਸਕਦਾ)।

60249	1421	ਨਾਨਕ ਸਾਚਾ ਭੇਟੈ ਹਰਿ ਮਨਿ ਵਸੈ ਪਾਵਹਿ ਮੋਖ ਦੁਆਰ॥੬੫॥	ਪਾਵ-ਹਿ	Naanak Saachaa Bhaettai Har Man Vasai Paavehi Mokh Dhuaar ||65||	O Nanak, if you meet with the True Guru, the Lord shall come to dwell within your mind, and you shall find the door of salvation. ||65||	ਹੇ ਨਾਨਕ! (ਆਖ-ਹੇ ਭਾਈ!) ਤੂੰ ਵਿਕਾਰਾਂ ਤੋਂ ਖ਼ਲਾਸੀ ਦਾ ਦਰਵਾਜ਼ਾ (ਤਦੋਂ) ਲੱਭ ਲਏਂਗਾ, ਜਦੋਂ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਤੈਨੂੰ ਮਿਲ ਪਏਗਾ, ਜਦੋਂ ਹਰੀ (ਤੇਰੇ) ਮਨ ਵਿਚ ਆ ਵੱਸੇਗਾ ॥੬੫॥
60250	1421	ਨਾਨਕ ਹੁਕਮੁ ਵਰਤੈ ਖਸਮ ਕਾ ਮਤਿ ਭਵੀ ਫਿਰਹਿ ਚਲ ਚਿਤ॥	(ਚਲ) ਚੰਚਲ (ਚਿੱਤ) ਵਾਲਿਆਂ ਦੀ ਮਤਿ, ਨਿਸਚੇ ਵੱਲੋਂ ਫਿਰ ਗਈ	Naanak Hukam Varathai Khasam Kaa Math Bhavee Firehi Chal Chith ||	O Nanak, the Hukam, the Command of your Lord and Master, is prevailing. The intellectually confused person wanders around lost, misled by his fickle consciousness.	ਹੇ ਨਾਨਕ! (ਜੀਵ ਦੇ ਭੀ ਕੀਹ ਵੱਸ? ਸਾਰੇ ਸੰਸਾਰ ਵਿਚ) ਮਾਲਕ-ਪ੍ਰਭੂ ਦਾ ਹੁਕਮ ਚੱਲ ਰਿਹਾ ਹੈ (ਉਸ ਹੁਕਮ ਵਿਚ ਹੀ) ਤੇਰੀ ਮੱਤ ਉਲਟੇ ਰਾਹ ਪਈ ਹੋਈ ਹੈ, ਤੇ ਤੂੰ ਚੰਚਲ-ਚਿੱਤ ਹੋ ਕੇ (ਧਰਤੀ ਉਤੇ) ਵਿਚਰ ਰਿਹਾ ਹੈਂ।
60251	1421	ਮਨਮੁਖ ਸਉ ਕਰਿ ਦੋਸਤੀ ਸੁਖ ਕਿ ਪੁਛਹਿ ਮਿਤ॥		Manamukh So Kar Dhosathee Sukh K Pushhehi Mith ||	If you make friends with the self-willed manmukhs, O friend, who can you ask for peace?	ਪਰ, ਹੇ ਮਿੱਤਰ! (ਇਹ ਤਾਂ ਦੱਸ ਕਿ) ਆਪਣੇ ਮਨ ਦੇ ਪਿਛੇ ਤੁਰਨ ਵਾਲਿਆਂ ਨਾਲ ਦੋਸਤੀ ਪਾ ਕੇ ਤੂੰ ਆਤਮਕ ਆਨੰਦ ਦੀ ਆਸ ਕਿਵੇਂ ਕਰ ਸਕਦਾ ਹੈਂ?
60252	1421	ਗੁਰਮੁਖ ਸਉ ਕਰਿ ਦੋਸਤੀ ਸਤਿਗੁਰ ਸਉ ਲਾਇ ਚਿਤੁ॥		Guramukh So Kar Dhosathee Sathigur So Laae Chith ||	Make friends with the Gurmukhs, and focus your consciousness on the True Guru.	ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਿਆਂ ਨਾਲ ਮਿਤ੍ਰਤਾ ਬਣਾ, ਗੁਰੂ (ਦੇ ਚਰਨਾਂ) ਨਾਲ ਚਿੱਤ ਜੋੜੀ ਰੱਖ।

60253	1421	ਜੰਮਣ ਮਰਣ ਕਾ ਮੂਲੁ ਕਟੀਐ ਤਾਂ ਸੁਖੁ ਹੋਵੀ ਮਿਤ॥੬੬॥		Janman Maran Kaa Mool Katteeai Thaan Sukh Hovee Mith ||66||	The root of birth and death will be cut away, and then, you shall find peace, O friend. ||66||	(ਇਸ ਤਰ੍ਹਾਂ ਜਦੋਂ) ਜਨਮ ਮਰਨ ਦੇ ਗੇੜ ਦੀ ਜੜ੍ਹ ਵੱਢੀ ਜਾਂਦੀ ਹੈ, ਤਦੋਂ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ॥੬੬॥
60254	1421	ਭੁਲਿਆਂ ਆਪਿ ਸਮਝਾਇਸੀ ਜਾ ਕਉ ਨਦਰਿ ਕਰੇ॥	ਭੁੱਲਿਆਂ	Bhuliaaan Aap Samajhaaeisee Jaa Ko Nadhar Karae ||	The Lord Himself instructs those who are misguided, when He casts His Glance of Grace.	ਜ਼ਿੰਦਗੀ ਦੇ ਗ਼ਲਤ ਰਸਤੇ ਉੱਤੇ ਪਏ ਹੋਏ ਭੀ ਜਿਸ ਮਨੁੱਖ ਉਤੇ (ਪਰਮਾਤਮਾ) ਮਿਹਰ ਦੀ ਨਿਗਾਹ ਕਰਦਾ ਹੈ, ਉਸ ਨੂੰ ਆਪ (ਹੀ ਆਤਮਕ ਜੀਵਨ ਦੀ) ਸਮਝ ਬਖ਼ਸ਼ ਦੇਂਦਾ ਹੈ।
60255	1421	ਨਾਨਕ ਨਦਰੀ ਬਾਹਰੀ ਕਰਣ ਪਲਾਹ ਕਰੇ॥੬੭॥		Naanak Nadharee Baaharee Karan Palaah Karae ||67||	O Nanak, those who are not blessed by His Glance of Grace, cry and weep and wail. ||67||	ਹੇ ਨਾਨਕ! ਪਰਮਾਤਮਾ ਦੀ ਮਿਹਰ ਦੀ ਨਿਗਾਹ ਤੋਂ ਵਾਂਜਿਆ ਹੋਇਆ ਮਨੁੱਖ (ਸਦਾ) ਕੀਰਨੇ ਹੀ ਕਰਦਾ ਰਹਿੰਦਾ ਹੈ ॥੬੭॥
60256	1421	ਸਲੋਕ ਮਹਲਾ ੪		Salok Mehalaa 4	Shalok, Fourth Mehl:	ਗੁਰੂ ਰਾਮਦਾਸ ਜੀ ਦੇ ਸਲੋਕ।
60257	1421	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।

60258	1421	ਵਡਭਾਗੀਆ ਸੋਹਾਗਣੀ ਜਿਨ੍ਹਾ ਗੁਰਮੁਖਿ ਮਿਲਿਆ ਹਰਿ ਰਾਇ॥		Vaddabhaageeaa Sohaaganee Jinhaa Guramukh Miliaa Har Raae ||	Blessed and very fortunate are those happy soul-brides who, as Gurmukh, meet their Sovereign Lord King.	ਹੇ ਨਾਨਕ! ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਜੀਵ-ਇਸਤ੍ਰੀਆਂ ਨੂੰ ਪ੍ਰਭੂ-ਪਾਤਿਸ਼ਾਹ ਮਿਲ ਪੈਂਦਾ ਹੈ, ਉਹ ਵੱਡੇ ਭਾਗਾਂ ਵਾਲੀਆਂ ਬਣ ਜਾਂਦੀਆਂ ਹਨ, ਉਹ ਖਸਮ ਵਾਲੀਆਂ ਅਖਵਾਂਦੀਆਂ ਹਨ।
60259	1421	ਅੰਤਰਿ ਜੋਤਿ ਪਰਗਾਸੀਆ ਨਾਨਕ ਨਾਮਿ ਸਮਾਇ॥੧॥		Anthar Joth Paragaaseeaa Naanak Naam Samaae ||1||	The Light of God shines within them; O Nanak, they are absorbed in the Naam, the Name of the Lord. ||1||	ਪ੍ਰਭੂ ਦੇ ਨਾਮ ਵਿਚ ਲੀਨ ਰਹਿ ਕੇ ਉਹਨਾਂ ਦੇ ਅੰਦਰ ਪਰਮਾਤਮਾ ਦੀ ਜੋਤਿ ਚਮਕ ਪੈਂਦੀ ਹੈ ॥੧॥
60260	1421	ਵਾਹੁ ਵਾਹੁ ਸਤਿਗੁਰੁ ਪੁਰਖੁ ਹੈ ਜਿਨਿ ਸਚੁ ਜਾਤਾ ਸੋਇ॥		Vaahu Vaahu Sathigur Purakh Hai Jin Sach Jaathaa Soe ||	Waaho! Waaho! Blessed and Great is the True Guru, the Primal Being, who has realized the True Lord.	ਮਹਾ ਪੁਰਖ ਗੁਰੂ ਧੰਨ ਹੈ ਧੰਨ ਹੈ, ਜਿਸ (ਗੁਰੂ) ਨੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਨਾਲ ਡੂੰਘੀ ਸਾਂਝ ਪਾਈ ਹੋਈ ਹੈ,
60261	1421	ਜਿਤੁ ਮਿਲਿਐ ਤਿਖ ਉਤਰੈ ਤਨੁ ਮਨੁ ਸੀਤਲੁ ਹੋਇ॥	ਤਿਖ: ਪੋਲਾ ਬੋਲੋ	Jith Miliai Thikh Outharai Than Man Seethal Hoe ||	Meeting Him, thirst is quenched, and the body and mind are cooled and soothed.	ਜਿਸ (ਗੁਰੂ) ਨੂੰ ਮਿਲਿਆਂ (ਮਾਇਆ ਦੀ) ਤ੍ਰਿਸ਼ਨਾ ਦੂਰ ਹੋ ਜਾਂਦੀ ਹੈ, (ਮਨੁੱਖ ਦਾ) ਤਨ ਅਤੇ ਮਨ ਠੰਢਾ-ਠਾਰ ਸ਼ਾਂਤ ਹੋ ਜਾਂਦਾ ਹੈ।

60262	1421	ਵਾਹੁ ਵਾਹੁ ਸਤਿਗੁਰੁ ਸਤਿ ਪੁਰਖੁ ਹੈ ਜਿਸ ਨੋ ਸਮਤੁ ਸਭ ਕੋਇ॥	ਸਮਤ: ਪੋਲਾ ਬੋਲੋ ਮਿਲਵਾਂ	Vaahu Vaahu Sathigur Sath Purakh Hai Jis No Samath Sabh Koe ||	Waaho! Waaho! Blessed and Great is the True Guru, the True Primal Being, who looks upon all alike.	ਗੁਰੂ ਸੱਤ ਪੁਰਖ ਸਲਾਹੁਣ-ਜੋਗ ਹੈ ਧੰਨ ਹੈ, ਕਿਉਂਕਿ ਉਸ ਨੂੰ ਹਰੇਕ ਜੀਵ ਇਕੋ ਜਿਹਾ (ਦਿੱਸਦਾ) ਹੈ।
60263	1421	ਵਾਹੁ ਵਾਹੁ ਸਤਿਗੁਰੁ ਨਿਰਵੈਰੁ ਹੈ ਜਿਸੁ ਨਿੰਦਾ ਉਸਤਤਿ ਤੁਲਿ ਹੋਇ॥	ਤੁੱਲਿ	Vaahu Vaahu Sathigur Niravair Hai Jis Nindhaa Ousathath Thul Hoe ||	Waaho! Waaho! Blessed and Great is the True Guru, who has no hatred; slander and praise are all the same to Him.	ਗੁਰੂ ਧੰਨ ਹੈ, ਗੁਰੂ ਧੰਨ ਹੈ, ਗੁਰੂ ਨੂੰ ਕਿਸੇ ਨਾਲ ਵੈਰ ਨਹੀਂ (ਕੋਈ ਮਨੁੱਖ ਗੁਰੂ ਦੀ ਨਿੰਦਾ ਕਰੇ, ਕੋਈ ਵਡਿਆਈ ਕਰੇ) ਗੁਰੂ ਨੂੰ (ਉਹ) ਨਿੰਦਾ ਜਾਂ ਵਡਿਆਈ ਇਕੋ ਜਿਹੀ ਜਾਪਦੀ ਹੈ।
60264	1421	ਵਾਹੁ ਵਾਹੁ ਸਤਿਗੁਰੁ ਸੁਜਾਣੁ ਹੈ ਜਿਸੁ ਅੰਤਰਿ ਬ੍ਰਹਮੁ ਵੀਚਾਰੁ॥		Vaahu Vaahu Sathigur Sujaan Hai Jis Anthar Breham Veechaar ||	Waaho! Waaho! Blessed and Great is the All-knowing True Guru, who has realized God within.	ਗੁਰੂ ਧੰਨ ਹੈ ਗੁਰੂ ਧੰਨ ਹੈ, ਗੁਰੂ (ਆਤਮਕ ਜੀਵਨ ਦੀ ਸੂਝ ਵਿਚ) ਸਿਆਣਾ ਹੈ, ਗੁਰੂ ਦੇ ਅੰਦਰ ਪਰਮਾਤਮਾ ਸਦਾ ਵੱਸ ਰਿਹਾ ਹੈ।
60265	1421	ਵਾਹੁ ਵਾਹੁ ਸਤਿਗੁਰੁ ਨਿਰੰਕਾਰੁ ਹੈ ਜਿਸੁ ਅੰਤੁ ਨ ਪਾਰਾਵਾਰੁ॥		Vaahu Vaahu Sathigur Nirankaar Hai Jis Anth N Paaraavaar ||	Waaho! Waaho! Blessed and Great is the Formless True Guru, who has no end or limitation.	ਗੁਰੂ ਸਲਾਹੁਣ-ਜੋਗ ਹੈ, ਗੁਰੂ (ਉਸ) ਨਿਰੰਕਾਰ (ਦਾ ਰੂਪ) ਹੈ ਜਿਸ ਦੇ ਗੁਣਾਂ ਦਾ ਅੰਤ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ।

60266	1421	ਵਾਹੁ ਵਾਹੁ ਸਤਿਗੁਰੂ ਹੈ ਜਿ ਸਚੁ ਦ੍ਰਿੜਾਏ ਸੋਇ॥		Vaahu Vaahu Sathiguroo Hai J Sach Dhrirraaeae Soe ||	Waaho! Waaho! Blessed and Great is the True Guru, who implants the Truth within.	ਗੁਰੂ ਧੰਨ ਹੈ ਗੁਰੂ ਧੰਨ ਹੈ, ਕਿਉਂਕਿ ਉਹ (ਮਨੁੱਖ ਦੇ ਹਿਰਦੇ ਵਿਚ) ਸਦਾ-ਥਿਰ ਪ੍ਰਭੂ (ਦਾ ਨਾਮ) ਪੱਕਾ ਕਰ ਦੇਂਦਾ ਹੈ।
60267	1421	ਨਾਨਕ ਸਤਿਗੁਰ ਵਾਹੁ ਵਾਹੁ ਜਿਸ ਤੇ ਨਾਮੁ ਪਰਾਪਤਿ ਹੋਇ॥੨॥		Naanak Sathigur Vaahu Vaahu Jis Thae Naam Paraapath Hoe ||2||	O Nanak, Blessed and Great is the True Guru, through whom the Naam, the Name of the Lord, is received. ||2||	ਹੇ ਨਾਨਕ! ਜਿਸ (ਗੁਰੂ) ਤੋਂ ਪਰਮਾਤਮਾ ਦਾ ਨਾਮ ਹਾਸਲ ਹੁੰਦਾ ਹੈ, ਉਸ ਨੂੰ (ਸਦਾ) ਧੰਨ ਧੰਨ ਆਖਿਆ ਕਰੋ ॥੨॥
60268	1421	ਹਰਿ ਪ੍ਰਭ ਸਚਾ ਸੋਹਿਲਾ ਗੁਰਮੁਖਿ ਨਾਮੁ ਗੋਵਿੰਦੁ॥		Har Prabh Sachaa Sohilaa Guramukh Naam Govindh ||	For the Gurmukh, the true Song of Praise is to chant the Name of the Lord God.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਵਾਸਤੇ ਹਰੀ ਪ੍ਰਭੂ ਦਾ ਗੋਬਿੰਦ ਨਾਮ (ਹੀ) ਸਦਾ ਕਾਇਮ ਰਹਿਣ ਵਾਲਾ ਖ਼ੁਸ਼ੀ ਦਾ ਗੀਤ ਹੈ।
60269	1421	ਅਨ ਦਿਨੁ ਨਾਮੁ ਸਲਾਹਣਾ ਹਰਿ ਜਪਿਆ ਮਨਿ ਆਨੰਦੁ॥		Anadhin Naam Salaahanaa Har Japiaa Man Aanandh ||	Chanting the Praises of the Lord, their minds are in ecstasy.	ਜਿਨ੍ਹਾਂ ਮਨੁੱਖਾਂ ਨੇ ਹਰਿ-ਨਾਮ ਦੀ ਸਿਫ਼ਤ ਕੀਤੀ, ਹਰਿ-ਨਾਮ ਹੀ ਜਪਿਆ, ਉਹਨਾਂ ਦੇ ਮਨ ਵਿਚ ਅਨੰਦ ਬਣਿਆ ਰਹਿੰਦਾ ਹੈ।
60270	1421	ਵਡਭਾਗੀ ਹਰਿ ਪਾਇਆ ਪੂਰਨ ਪਰਮਾਨੰਦੁ॥		Vaddabhaagee Har Paaeiaa Pooran Paramaanandh ||	By great good fortune, they find the Lord, the Embodiment of perfect, supreme bliss.	ਵੱਡੇ ਭਾਗਾਂ ਵਾਲੇ ਮਨੁੱਖਾਂ ਨੇ ਸਭ ਤੋਂ ਉੱਚੇ ਆਤਮਕ ਅਨੰਦ ਦੇ ਮਾਲਕ-ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ।

60271	1421	ਜਨ ਨਾਨਕ ਨਾਮੁ ਸਲਾਹਿਆ ਬਹੁੜਿ ਨ ਮਨਿ ਤਨਿ ਭੰਗੁ॥੩॥		Jan Naanak Naam Salaahiaa Bahurr N Man Than Bhang ||3||	Servant Nanak praises the Naam, the Name of the Lord; no obstacle will block his mind or body. ||3||	ਹੇ ਦਾਸ ਨਾਨਕ! (ਜਿਨ੍ਹਾਂ ਨੇ ਹਰ ਵੇਲੇ) ਹਰਿ-ਨਾਮ ਦੀ ਵਡਿਆਈ ਕੀਤੀ, ਉਹਨਾਂ ਦੇ ਮਨ ਵਿਚ ਉਹਨਾਂ ਦੇ ਤਨ ਵਿਚ (ਆਤਮਕ ਆਨੰਦ ਦੀ) ਮੁੜ ਕਦੇ ਤੋਟ ਨਹੀਂ ਆਉਂਦੀ ॥੩॥
60272	1421	ਮੂੰ ਪਿਰੀਆ ਸਉ ਨੇਹੁ ਕਿਉ ਸਜਣ ਮਿਲਹਿ ਪਿਆਰਿਆ॥		Moon Pireeaa So Naehu Kio Sajan Milehi Piaariaa ||	I am in love with my Beloved; how can I meet my Dear Friend?	(ਆਪਣੇ) ਪਿਆਰੇ (ਪ੍ਰਭੂ) ਨਾਲ ਮੇਰਾ ਪਿਆਰ ਹੈ (ਮੇਰੀ ਹਰ ਵੇਲੇ ਤਾਂਘ ਹੈ ਕਿ ਮੈਨੂੰ) ਕਿਵੇਂ (ਉਹ) ਪਿਆਰੇ ਸੱਜਣ ਮਿਲ ਪੈਣ (ਜਿਹੜੇ ਮੈਨੂੰ ਪ੍ਰਭੂ-ਪਤੀ ਨਾਲ ਮਿਲਾ ਦੇਣ)।
60273	1421	ਹਉ ਢੂਢੇਦੀ ਤਿਨ ਸਜਣ ਸਚਿ ਸਵਾਰਿਆ॥		Ho Dtoodtaedhee Thin Sajan Sach Savaariaa ||	I seek that friend, who is embellished with Truth.	ਮੈਂ ਉਹਨਾਂ ਸੱਜਣਾਂ ਨੂੰ ਲੱਭਦੀ ਫਿਰਦੀ ਹਾਂ, ਸਦਾ-ਥਿਰ ਹਰਿ ਨਾਮ ਨੇ ਜਿਨ੍ਹਾਂ ਨੂੰ ਸੋਹਣੇ ਜੀਵਨ ਵਾਲਾ ਬਣਾ ਦਿੱਤਾ ਹੈ।
60274	1421	ਸਤਿਗੁਰੁ ਮੈਡਾ ਮਿਤੁ ਹੈ ਜੇ ਮਿਲੈ ਤ ਇਹੁ ਮਨੁ ਵਾਰਿਆ॥		Sathigur Maiddaa Mith Hai Jae Milai Th Eihu Man Vaariaa ||	The True Guru is my Friend; if I meet Him, I will offer this mind as a sacrifice to Him.	ਗੁਰੂ (ਹੀ) ਮੇਰਾ (ਅਸਲ) ਮਿੱਤਰ ਹੈ। ਜੇ (ਮੈਨੂੰ ਗੁਰੂ) ਮਿਲ ਪਏ, ਤਾਂ (ਮੈਂ ਆਪਣਾ) ਇਹ ਮਨ (ਉਸ ਤੋਂ) ਸਦਕੇ ਕਰ ਦਿਆਂ।
60275	1421	ਦੇਂਦਾ ਮੂੰ ਪਿਰੁ ਦਸਿ ਹਰਿ ਸਜਣੁ ਸਿਰਜਣਹਾਰਿਆ॥	ਦੱਸਿ	Dhaenadhaa Moon Pir Dhas Har Sajan Sirajanehaariaa ||	He has shown me my Beloved Lord, my Friend, the Creator.	(ਗੁਰੂ ਹੀ) ਮੈਨੂੰ ਦੱਸ ਸਕਦਾ ਹੈ ਕਿ ਸਿਰਜਣਹਾਰ ਹਰੀ (ਹੀ ਅਸਲ) ਸੱਜਣ ਹੈ।

60276	1421	ਨਾਨਕ ਹਉ ਪਿਰੁ ਭਾਲੀ ਆਪਣਾ ਸਤਿਗੁਰ ਨਾਲਿ ਦਿਖਾਲਿਆ॥੪॥		Naanak Ho Pir Bhaalee Aapanaa Sathigur Naal Dhikhaaliaa ||4||	O Nanak, I was searching for my Beloved; the True Guru has shown me that He has been with me all the time. ||4||	ਨਾਨਕ ਆਖਦਾ ਹੈ- ਹੇ ਸਤਿਗੁਰੂ! ਮੈਂ ਆਪਣਾ ਖਸਮ-ਪ੍ਰਭੂ ਢੂੰਢ ਰਹੀ ਸਾਂ, ਤੂੰ (ਮੈਨੂੰ ਮੇਰੇ) ਨਾਲ (ਵੱਸਦਾ) ਵਿਖਾਲ ਦਿੱਤਾ ਹੈ ॥੪॥
60277	1421	ਹਉ ਖੜੀ ਨਿਹਾਲੀ ਪੰਧੁ ਮਤੁ ਮੂੰ ਸਜਣੁ ਆਵਏ॥	(ਪੰਧੁ) ਰਸਤਾ, (ਮੂੰ) ਮੇਰਾ। ਖੜ੍ਹੀ।ਆ-ਵਏ	Ho Kharree Nihaalee Pandhh Math Moon Sajan Aaveae ||	I stand by the side of the road, waiting for You; O my Friend, I hope that You will come.	ਮੈਂ ਤਾਂਘ ਨਾਲ ਰਾਹ ਤੱਕ ਰਹੀ ਹਾਂ ਕਿ ਸ਼ਾਇਦ ਮੇਰਾ ਸੱਜਣ ਆ ਰਿਹਾ ਹੈ,
60278	1421	ਕੋ ਆਣਿ ਮਿਲਾਵੈ ਅਜੁ ਮੈ ਪਿਰੁ ਮੇਲਿ ਮਿਲਾਵਏ॥	ਅੱਜੁ	Ko Aan Milaavai Aj Mai Pir Mael Milaaveae ||	If only someone would come today and unite me in Union with my Beloved.	ਜਿਹੜਾ ਮੈਨੂੰ (ਮੇਰਾ ਪ੍ਰਭੂ-) ਪਤੀ ਅੱਜ (ਇਸੇ ਜੀਵਨ ਵਿਚ) ਲਿਆ ਕੇ ਮਿਲਾ ਦੇਂਦਾ ਹੋਵੇ।
60279	1422	ਹਉ ਜੀਉ ਕਰੀ ਤਿਸ ਵਿਟਉ ਚਉ ਖੰਨੀਐ ਜੋ ਮੈ ਪਿਰੀ ਦਿਖਾਵਏ॥	ਦਿਖਾ-ਵਏ	Ho Jeeo Karee This Vitto Cho Khanneeai Jo Mai Piree Dhikhaaveae ||	I would cut my living body into four pieces for anyone who shows me my Beloved.	ਜਿਹੜਾ ਮੈਨੂੰ ਮੇਰੇ ਪਿਆਰੇ ਦਾ ਦਰਸ਼ਨ ਕਰਾ ਦੇਵੇ, ਮੈਂ ਉਸ ਤੋਂ (ਆਪਣੀ) ਜਿੰਦ ਚਾਰ ਟੋਟੇ ਕਰ ਦਿਆਂ (ਸਦਕੇ ਕਰਨ ਨੂੰ ਤਿਆਰ ਹਾਂ)।
60280	1422	ਨਾਨਕ ਹਰਿ ਹੋਇ ਦਇਆਲੁ ਤਾਂ ਗੁਰੁ ਪੂਰਾ ਮੇਲਾਵਏ॥੫॥	ਦ-ਇਆਲ,ਮੇ-ਲਾ-ਵਏ	Naanak Har Hoe Dhaeiaal Thaan Gur Pooraa Maelaaveae ||5||	O Nanak, when the Lord becomes merciful, then He leads us to meet the Perfect Guru. ||5||	ਹੇ ਨਾਨਕ! ਜਦੋਂ ਹਰੀ-ਪ੍ਰਭੂ (ਆਪ) ਦਇਆਵਾਨ ਹੁੰਦਾ ਹੈ, ਤਦੋਂ ਉਹ ਪੂਰਾ ਗੁਰੂ ਮਿਲਾਂਦਾ ਹੈ (ਤੇ, ਪੂਰਾ ਗੁਰੂ ਪ੍ਰਭੂ-ਪਤੀ ਦੇ ਚਰਨਾਂ ਵਿਚ ਜੋੜ ਦੇਂਦਾ ਹੈ) ॥੫॥

60281	1422	ਅੰਤਰਿ ਜੋਰੁ ਹਉਮੈ ਤਨਿ ਮਾਇਆ ਕੂੜੀ ਆਵੈ ਜਾਇ॥		Anthar Jor Houmai Than Maaeiaa Koorree Aavai Jaae ||	The power of egotism prevails within, and the body is controlled by Maya; the false ones come and go in reincarnation.	ਜਿਸ ਮਨੁੱਖ ਦੇ ਅੰਦਰ ਹਉਮੈ ਦਾ ਜ਼ੋਰ ਪਿਆ ਰਹਿੰਦਾ ਹੈ ਜਿਸ ਦੇ ਸਰੀਰ ਵਿਚ ਮਾਇਆ ਦਾ ਪ੍ਰਭਾਵ ਬਣਿਆ ਰਹਿੰਦਾ ਹੈ, ਉਹ ਮਨੁੱਖ (ਗੁਰੂ ਦੇ ਦਰ ਤੇ) ਸਿਰਫ਼ ਵਿਖਾਵੇ ਦੀ ਖ਼ਾਤਰ ਹੀ ਆਉਂਦਾ ਰਹਿੰਦਾ ਹੈ।
60282	1422	ਸਤਿਗੁਰ ਕਾ ਫੁਰਮਾਇਆ ਮੰਨਿ ਨ ਸਕੀ ਦੁਤਰੁ ਤਰਿਆ ਨ ਜਾਇ॥	ਦੁੱਤ-ਰੁ	Sathigur Kaa Furamaaeiaa Mann N Sakee Dhuthar Thariaa N Jaae ||	If someone does not obey the Command of the True Guru, he cannot cross over the treacherous world-ocean.	ਉਹ ਮਨੁੱਖ ਗੁਰੂ ਦੇ ਦੱਸੇ ਹੁਕਮ ਵਿਚ ਸਰਧਾ ਨਹੀਂ ਬਣਾ ਸਕਦਾ, (ਇਸ ਵਾਸਤੇ ਉਹ ਮਨੁੱਖ ਇਸ ਸੰਸਾਰ-ਸਮੁੰਦਰ ਤੋਂ) ਪਾਰ ਨਹੀਂ ਲੰਘ ਸਕਦਾ ਜਿਸ ਤੋਂ ਪਾਰ ਲੰਘਣਾ ਬਹੁਤ ਔਖਾ ਹੈ।
60283	1422	ਨਦਰਿ ਕਰੇ ਜਿਸੁ ਆਪਣੀ ਸੋ ਚਲੈ ਸਤਿਗੁਰ ਭਾਇ॥		Nadhar Karae Jis Aapanee So Chalai Sathigur Bhaae ||	Whoever is blessed with the Lord's Glance of Grace, walks in harmony with the Will of the True Guru.	(ਪਰ, ਹੇ ਭਾਈ!) ਉਹ ਮਨੁੱਖ (ਹੀ) ਗੁਰੂ ਦੀ ਰਜ਼ਾ ਵਿਚ (ਜੀਵਨ-ਤੋਰ) ਤੁਰਦਾ ਹੈ, ਜਿਸ ਉੱਤੇ ਪਰਮਾਤਮਾ ਦੀ ਆਪਣੀ ਮਿਹਰ ਦੀ ਨਿਗਾਹ ਕਰਦਾ ਹੈ।
60284	1422	ਸਤਿਗੁਰ ਕਾ ਦਰਸਨੁ ਸਫਲੁ ਹੈ ਜੋ ਇਛੈ ਸੋ ਫਲੁ ਪਾਇ॥		Sathigur Kaa Dharasan Safal Hai Jo Eishhai So Fal Paae ||	The Blessed Vision of the True Guru's Darshan is fruitful; through it, one obtains the fruits of his desires.	ਗੁਰੂ ਦਾ ਦੀਦਾਰ ਜ਼ਰੂਰ ਫਲ ਦੇਂਦਾ ਹੈ, (ਗੁਰੂ ਦਾ ਦਰਸ਼ਨ ਕਰਨ ਵਾਲਾ ਮਨੁੱਖ) ਜਿਹੜੀ ਮੰਗ ਆਪਣੇ ਮਨ ਵਿਚ ਧਾਰਦਾ ਹੈ, ਉਹੀ ਮੰਗ ਪ੍ਰਾਪਤ ਕਰ ਲੈਂਦਾ ਹੈ।

60285	1422	ਜਿਨੀ ਸਤਿਗੁਰੁ ਮੰਨਿਆਂ ਹਉ ਤਿਨ ਕੇ ਲਾਗਉ ਪਾਇ॥		Jinee Sathigur Manniaaan Ho Thin Kae Laago Paae ||	I touch the feet of those who believe in and obey the True Guru.	ਜਿਨ੍ਹਾਂ ਮਨੁੱਖਾਂ ਨੇ ਗੁਰੂ ਉੱਤੇ ਸਰਧਾ ਬਣਾਈ, ਮੈਂ ਉਹਨਾਂ ਦੇ ਚਰਨੀਂ ਲੱਗਦਾ ਹਾਂ।
60286	1422	ਨਾਨਕੁ ਤਾ ਕਾ ਦਾਸੁ ਹੈ ਜਿ ਅਨ ਦਿਨੁ ਰਹੈ ਲਿਵ ਲਾਇ॥੬॥		Naanak Thaa Kaa Dhaas Hai J Anadhin Rehai Liv Laae ||6||	Nanak is the slave of those who, night and day, remain lovingly attuned to the Lord. ||6||	ਜਿਹੜਾ ਮਨੁੱਖ ਹਰ ਵੇਲੇ (ਗੁਰੂ-ਚਰਨਾਂ ਵਿਚ) ਸੁਰਤ ਜੋੜੀ ਰੱਖਦਾ ਹੈ, ਨਾਨਕ ਉਸ ਮਨੁੱਖ ਦਾ (ਸਦਾ ਲਈ) ਦਾਸ ਹੈ ॥੬॥
60287	1422	ਜਿਨਾ ਪਿਰੀ ਪਿਆਰੁ ਬਿਨੁ ਦਰਸਨ ਕਿਉ ਤ੍ਰਿਪਤੀਐ॥		Jinaa Piree Piaar Bin Dharasan Kio Thripatheeai ||	Those who are in love with their Beloved - how can they find satisfaction without His Darshan?	ਜਿਨ੍ਹਾਂ (ਮਨੁੱਖਾਂ) ਦੇ ਅੰਦਰ ਪਿਆਰੇ ਦਾ ਪ੍ਰੇਮ ਹੁੰਦਾ ਹੈ, (ਆਪਣੇ ਪਿਆਰੇ ਦੇ) ਦਰਸਨ ਤੋਂ ਬਿਨਾ ਉਹਨਾਂ ਦੇ ਮਨ ਵਿਚ ਸ਼ਾਂਤੀ ਨਹੀਂ ਹੁੰਦੀ।
60288	1422	ਨਾਨਕ ਮਿਲੇ ਸੁਭਾਇ ਗੁਰਮੁਖਿ ਇਹੁ ਮਨੁ ਰਹਸੀਐ॥੭॥	ਰਹ-ਸੀਐ: ਪੋਲਾ ਬੋਲੋ	Naanak Milae Subhaae Guramukh Eihu Man Rehaseeai ||7||	O Nanak, the Gurmukhs meet Him with ease, and this mind blossoms forth in joy. ||7||	ਹੇ ਨਾਨਕ! ਉਹ ਮਨੁੱਖ (ਪਿਆਰੇ ਦੇ) ਪ੍ਰੇਮ ਵਿਚ ਲੀਨ ਰਹਿੰਦੇ ਹਨ। (ਇਸੇ ਕਰਕੇ) ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਾ ਇਹ ਮਨ ਸਦਾ ਖਿੜਿਆ ਰਹਿੰਦਾ ਹੈ ॥੭॥

60289	1422	ਜਿਨਾ ਪਿਰੀ ਪਿਆਰੁ ਕਿਉ ਜੀਵਨਿ ਪਿਰ ਬਾਹਰੇ॥		Jinaa Piree Piaar Kio Jeevan Pir Baaharae ||	Those who are in love with their Beloved - how can they live without Him?	ਜਿਨ੍ਹਾਂ (ਮਨੁੱਖਾਂ) ਦੇ ਅੰਦਰ ਪਿਆਰੇ ਦਾ ਪ੍ਰੇਮ ਹੁੰਦਾ ਹੈ, ਉਹ ਆਪਣੇ ਪਿਆਰੇ ਦੇ ਮਿਲਾਪ ਤੋਂ ਬਿਨਾ ਸੁਖੀ ਨਹੀਂ ਜੀਊ ਸਕਦੇ।
60290	1422	ਜਾਂ ਸਹੁ ਦੇਖਨਿ ਆਪਣਾ ਨਾਨਕ ਥੀਵਨਿ ਭੀ ਹਰੇ॥੮॥		Jaan Sahu Dhaekhan Aapanaa Naanak Thheevan Bhee Harae ||8||	When they see their Husband Lord, O Nanak, they are rejuvenated. ||8||	ਹੇ ਨਾਨਕ! ਜਦੋਂ ਉਹ ਆਪਣੇ ਖਸਮ-ਪ੍ਰਭੂ ਦਾ ਦਰਸਨ ਕਰਦੇ ਹਨ, ਤਦੋਂ ਉਹ ਮੁੜ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ ॥੮॥
60291	1422	ਜਿਨਾ ਗੁਰਮੁਖਿ ਅੰਦਰਿ ਨੇਹੁ ਤੈ ਪ੍ਰੀਤਮ ਸਚੈ ਲਾਇਆ॥		Jinaa Guramukh Andhar Naehu Thai Preetham Sachai Laaeiaa ||	Those Gurmukhs who are filled with love for You, my True Beloved,	ਹੇ ਪ੍ਰੀਤਮ ਪ੍ਰਭੂ! ਤੂੰ ਸਦਾ ਕਾਇਮ ਰਹਿਣ ਵਾਲੇ ਨੇ ਗੁਰੂ ਦੀ ਰਾਹੀਂ ਜਿਨ੍ਹਾਂ ਮਨੁੱਖਾਂ ਦੇ ਅੰਦਰ (ਆਪਣਾ) ਪਿਆਰ ਪੈਦਾ ਕੀਤਾ ਹੈ,
60292	1422	ਰਾਤੀ ਅਤੈ ਡੇਹੁ ਨਾਨਕ ਪ੍ਰੇਮਿ ਸਮਾਇਆ॥੯॥		Raathee Athai Ddaehu Naanak Praem Samaaeiaa ||9||	O Nanak, remain immersed in the Lord's Love, night and day. ||9||	ਹੇ ਨਾਨਕ! ਉਹ ਮਨੁੱਖ ਤੇਰੇ ਪਿਆਰ ਵਿਚ ਦਿਨ ਰਾਤ ਲੀਨ ਰਹਿੰਦੇ ਹਨ ॥੯॥

60293	1422	ਗੁਰਮੁਖਿ ਸਚੀ ਆਸਕੀ ਜਿਤੁ ਪ੍ਰੀਤਮੁ ਸਚਾ ਪਾਈਐ॥	(ਆਸਕੀ) ਪ੍ਰੀਤੀ	Guramukh Sachee Aasakee Jith Preetham Sachaa Paaeeai ||	The love of the Gurmukh is true; through it, the True Beloved is attained.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖਾਂ ਦੇ ਅੰਦਰ (ਪਰਮਾਤਮਾ ਵਾਸਤੇ) ਸਦਾ ਕਾਇਮ ਰਹਿਣ ਵਾਲਾ ਪਿਆਰ (ਪੈਦਾ ਹੋ ਜਾਂਦਾ ਹੈ), ਉਸ ਪਿਆਰ ਦੀ ਬਰਕਤਿ ਨਾਲ ਉਹ ਸਦਾ-ਥਿਰ ਪ੍ਰੀਤਮ-ਪ੍ਰਭੂ ਉਹਨਾਂ ਨੂੰ ਮਿਲ ਪੈਂਦਾ ਹੈ,
60294	1422	ਅਨ ਦਿਨੁ ਰਹਹਿ ਅਨੰਦਿ ਨਾਨਕ ਸਹਜਿ ਸਮਾਈਐ॥੧੦॥	ਰਹ-ਹਿ	Anadhin Rehehi Anandh Naanak Sehaj Samaaeeai ||10||	Night and day, remain in bliss, O Nanak, immersed in intuitive peace and poise. ||10||	ਅਤੇ ਉਹ ਹਰ ਵੇਲੇ ਆਨੰਦ ਵਿਚ ਟਿਕੇ ਰਹਿੰਦੇ ਹਨ। ਹੇ ਨਾਨਕ! (ਪਿਆਰ ਦੀ ਬਰਕਤਿ ਨਾਲ) ਆਤਮਕ ਅਡੋਲਤਾ ਵਿਚ ਲੀਨ ਰਹੀਦਾ ਹੈ ॥੧੦॥
60295	1422	ਸਚਾ ਪ੍ਰੇਮ ਪਿਆਰੁ ਗੁਰ ਪੂਰੇ ਤੇ ਪਾਈਐ॥		Sachaa Praem Piaar Gur Poorae Thae Paaeeai ||	True love and affection are obtained from the Perfect Guru.	(ਪਰਮਾਤਮਾ ਨਾਲ) ਸਦਾ ਕਾਇਮ ਰਹਿਣ ਵਾਲਾ ਪ੍ਰੇਮ-ਪਿਆਰ ਪੂਰੇ ਗੁਰੂ ਪਾਸੋਂ ਮਿਲਦਾ ਹੈ,
60296	1422	ਕਬਹੂ ਨ ਹੋਵੈ ਭੰਗੁ ਨਾਨਕ ਹਰਿ ਗੁਣ ਗਾਈਐ॥੧੧॥		Kabehoo N Hovai Bhang Naanak Har Gun Gaaeeai ||11||	They never break, O Nanak, if one sings the Glorious Praises of the Lord. ||11||	(ਅਤੇ ਉਹ ਪਿਆਰ) ਕਦੇ ਟੁੱਟਦਾ ਨਹੀਂ। ਹੇ ਨਾਨਕ! (ਇਸ ਪਿਆਰ ਨੂੰ ਕਾਇਮ ਰੱਖਣ ਵਾਸਤੇ) ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਦੇ ਰਹਿਣਾ ਚਾਹੀਦਾ ਹੈ ॥੧੧॥

60297	1422	ਜਿਨ੍ਹਾ ਅੰਦਰਿ ਸਚਾ ਨੇਹੁ ਕਿਉ ਜੀਵਨ੍ਹਿ ਪਿਰੀ ਵਿਹੂਣਿਆ॥		Jinhaa Andhar Sachaa Naehu Kio Jeevanih Piree Vihooniaa ||	How can those who have true love within them live without their Husband Lord?	ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ (ਪਰਮਾਤਮਾ ਨਾਲ) ਸਦਾ ਕਾਇਮ ਰਹਿਣ ਵਾਲਾ ਪਿਆਰ ਬਣ ਜਾਂਦਾ ਹੈ, ਉਹ ਮਨੁੱਖ ਪਰਮਾਤਮਾ ਦੀ ਯਾਦ ਤੋਂ ਬਿਨਾ ਸੁਖੀ ਜੀਵਨ ਨਹੀਂ ਜੀਊ ਸਕਦੇ।
60298	1422	ਗੁਰਮੁਖਿ ਮੇਲੇ ਆਪਿ ਨਾਨਕ ਚਿਰੀ ਵਿਛੁੰਨਿਆ॥੧੨॥		Guramukh Maelae Aap Naanak Chiree Vishhunniaa ||12||	The Lord unites the Gurmukhs with Himself, O Nanak; they were separated from Him for such a long time. ||12||	(ਪਰ ਇਹ ਉਸ ਦੀ ਆਪਣੀ ਹੀ ਮਿਹਰ ਹੈ)। ਹੇ ਨਾਨਕ! ਚਿਰਾਂ ਦੇ ਵਿਛੁੜੇ ਜੀਵਾਂ ਨੂੰ ਪ੍ਰਭੂ ਆਪ ਹੀ ਗੁਰੂ ਦੀ ਰਾਹੀਂ ਆਪਣੇ ਨਾਲ ਮਿਲਾਂਦਾ ਹੈ ॥੧੨॥
60299	1422	ਜਿਨ ਕਉ ਪ੍ਰੇਮ ਪਿਆਰੁ ਤਉ ਆਪੇ ਲਾਇਆ ਕਰਮੁ ਕਰਿ॥		Jin Ko Praem Piaar Tho Aapae Laaeiaa Karam Kar ||	You grant Your Grace to those whom You Yourself bless with love and affection.	ਹੇ ਹਰੀ! ਤੂੰ ਆਪ ਹੀ ਮਿਹਰ ਕਰ ਕੇ ਜਿਨ੍ਹਾਂ ਦੇ ਅੰਦਰ ਆਪਣਾ ਪ੍ਰੇਮ-ਪਿਆਰ ਪੈਦਾ ਕੀਤਾ ਹੈ,
60300	1422	ਨਾਨਕ ਲੇਹੁ ਮਿਲਾਇ ਮੈ ਜਾਚਕ ਦੀਜੈ ਨਾਮੁ ਹਰਿ॥੧੩॥		Naanak Laehu Milaae Mai Jaachik Dheejai Naam Har ||13||	O Lord, please let Nanak meet with You; please bless this beggar with Your Name. ||13||	ਹੇ ਨਾਨਕ! ਉਹਨਾਂ ਨੂੰ ਤੂੰ (ਆਪਣੇ ਚਰਨਾਂ ਵਿਚ) ਜੋੜੀ ਰੱਖਦਾ ਹੈਂ। ਹੇ ਹਰੀ! ਮੈਨੂੰ ਮੰਗਤੇ ਨੂੰ (ਭੀ) ਆਪਣਾ ਨਾਮ ਬਖ਼ਸ਼ ॥੧੩॥

60301	1422	ਗੁਰਮੁਖਿ ਹਸੈ ਗੁਰਮੁਖਿ ਰੋਵੈ॥	ਹੱਸੈ	Guramukh Hasai Guramukh Rovai ||	The Gurmukh laughs, and the Gurmukh cries.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਭਗਤੀ ਦੇ ਆਤਮਕ ਆਨੰਦ ਵਿਚ ਕਦੇ) ਖਿੜ ਪੈਂਦਾ ਹੈ (ਕਦੇ ਭਗਤੀ ਦੇ ਬਿਰਹੋਂ-ਰਸ ਦੇ ਕਾਰਨ) ਵੈਰਾਗ ਵਿਚ ਆ ਜਾਂਦਾ ਹੈ।
60302	1422	ਜਿ ਗੁਰਮੁਖਿ ਕਰੇ ਸਾਈ ਭਗਤਿ ਹੋਵੈ॥	ਸਾਂਈਂ	J Guramukh Karae Saaee Bhagath Hovai ||	Whatever the Gurmukh does, is devotional worship.	ਅਸਲ ਭਗਤੀ ਉਹੀ ਹੁੰਦੀ ਹੈ ਜਿਹੜੀ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਕਰਦਾ ਹੈ।
60303	1422	ਗੁਰਮੁਖਿ ਹੋਵੈ ਸੁ ਕਰੇ ਵੀਚਾਰੁ॥		Guramukh Hovai S Karae Veechaar ||	Whoever becomes Gurmukh contemplates the Lord.	ਜਿਹੜਾ ਮਨੁੱਖ ਗੁਰੂ ਦੀ ਸਰਨ ਪਿਆ ਰਹਿੰਦਾ ਹੈ, ਉਹ (ਪਰਮਾਤਮਾ ਦੀ ਸਿਫ਼ਤ-ਸਾਲਾਹ ਨੂੰ) ਆਪਣੇ ਮਨ ਵਿਚ ਵਸਾਈ ਰੱਖਦਾ ਹੈ।
60304	1422	ਗੁਰਮੁਖਿ ਨਾਨਕ ਪਾਵੈ ਪਾਰੁ॥੧੪॥		Guramukh Naanak Paavai Paar ||14||	The Gurmukh, O Nanak, crosses over to the other shore. ||14||	ਹੇ ਨਾਨਕ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਇਸ ਸੰਸਾਰ-ਸਮੁੰਦਰ ਦਾ) ਪਾਰਲਾ ਬੰਨਾ ਲੱਭ ਲੈਂਦਾ ਹੈ ॥੧੪॥
60305	1422	ਜਿਨਾ ਅੰਦਰਿ ਨਾਮੁ ਨਿਧਾਨੁ ਹੈ ਗੁਰਬਾਣੀ ਵੀਚਾਰਿ॥		Jinaa Andhar Naam Nidhhaan Hai Gurabaanee Veechaar ||	Those who have the Naam within, contemplate the Word of the Guru's Bani.	ਸਤਿਗੁਰੂ ਦੀ ਬਾਣੀ ਨੂੰ ਮਨ ਵਿਚ ਵਸਾ ਕੇ ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ- ਖ਼ਜ਼ਾਨਾ ਆ ਵੱਸਦਾ ਹੈ,

60306	1422	ਤਿਨ ਕੇ ਮੁਖ ਸਦ ਉਜਲੇ ਤਿਤੁ ਸਚੈ ਦਰਬਾਰਿ॥	ਉੱਜਲੇ	Thin Kae Mukh Sadh Oujalae Thith Sachai Dharabaar ||	Their faces are always radiant in the Court of the True Lord.	ਉਹਨਾਂ ਦੇ ਮੂੰਹ ਉਸ ਸਦਾ ਕਾਇਮ ਰਹਿਣ ਵਾਲੇ (ਰੱਬੀ) ਦਰਬਾਰ ਵਿਚ ਸਦਾ ਰੌਸ਼ਨ ਰਹਿੰਦੇ ਹਨ।
60307	1422	ਤਿਨ ਬਹਦਿਆ ਉਠਦਿਆ ਕਦੇ ਨ ਵਿਸਰੈ ਜਿ ਆਪਿ ਬਖਸੇ ਕਰਤਾਰਿ॥	ਬਹ-ਦਿਆਂ,ਉੱਠ-ਦਿਆਂ	Thin Behadhiaa Outhadhiaa Kadhae N Visarai J Aap Bakhasae Karathaar ||	Sitting down and standing up, they never forget the Creator, who forgives them.	ਕਰਤਾਰ ਨੇ ਆਪ ਜਿਨ੍ਹਾਂ ਮਨੁੱਖਾਂ ਉਤੇ ਮਿਹਰ ਕੀਤੀ ਹੁੰਦੀ ਹੈ, ਉਹਨਾਂ ਨੂੰ ਬਹਿੰਦਿਆਂ ਉਠਦਿਆਂ ਕਿਸੇ ਭੀ ਵੇਲੇ (ਪਰਮਾਤਮਾ ਦਾ ਨਾਮ) ਨਹੀਂ ਭੁੱਲਦਾ।
60308	1422	ਨਾਨਕ ਗੁਰਮੁਖਿ ਮਿਲੇ ਨ ਵਿਛੁੜਹਿ ਜਿ ਮੇਲੇ ਸਿਰਜਣਹਾਰ॥੧੫॥		Naanak Guramukh Milae N Vishhurrehi J Maelae Sirajanehaar ||15||	O Nanak, the Gurmukhs are united with the Lord. Those united by the Creator Lord, shall never be separated again. ||15||	ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੂੰ ਸਿਰਜਣਹਾਰ ਪ੍ਰਭੂ ਨੇ (ਆਪ ਆਪਣੇ ਚਰਨਾਂ ਵਿਚ) ਜੋੜਿਆ ਹੁੰਦਾ ਹੈ, ਉਹ ਮਨੁੱਖ ਗੁਰੂ ਦੀ ਰਾਹੀਂ (ਪ੍ਰਭੂ ਚਰਨਾਂ ਵਿਚ) ਮਿਲੇ ਹੋਏ ਫਿਰ ਕਦੇ ਨਹੀਂ ਵਿੱਛੁੜਦੇ ॥੧੫॥
60309	1422	ਗੁਰ ਪੀਰਾਂ ਕੀ ਚਾਕਰੀ ਮਹਾਂ ਕਰੜੀ ਸੁਖ ਸਾਰੁ॥	ਗੁਰ ਪੀਰਾਂ ਕੀ ਚਾਕਰੀ (ਸਾਰੁ) ਸੁਖ ਦੇਣ ਨੂੰ ਮਹਾਂ (ਕਰੜੀ) ਤਕੜੀ ਹੈ	Gur Peeraan Kee Chaakaree Mehaan Kararree Sukh Saar ||	To work for the Guru, or a spiritual teacher, is terribly difficult, but it brings the most excellent peace.	ਮਹਾਂ ਪੁਰਖਾਂ ਦੀ (ਦੱਸੀ ਹੋਈ) ਕਾਰ ਬਹੁਤ ਔਖੀ ਹੁੰਦੀ ਹੈ (ਕਿਉਂਕਿ ਉਸ ਵਿਚ ਆਪਾ ਵਾਰਨਾ ਪੈਂਦਾ ਹੈ, ਪਰ ਉਸ ਵਿਚੋਂ) ਸ੍ਰੇਸ਼ਟ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ।

60310	1422	ਨਦਰਿ ਕਰੇ ਜਿਸੁ ਆਪਣੀ ਤਿਸੁ ਲਾਏ ਹੇਤ ਪਿਆਰੁ॥		Nadhar Karae Jis Aapanee This Laaeae Haeth Piaar ||	The Lord casts His Glance of Grace, and inspires love and affection.	(ਇਸ ਸੇਵਾ ਦੇ ਕਰਨ ਲਈ) ਉਸ ਮਨੁੱਖ ਦੇ ਅੰਦਰ (ਪਰਮਾਤਮਾ) ਪ੍ਰੀਤ-ਪਿਆਰ ਪੈਦਾ ਕਰਦਾ ਹੈ, ਜਿਸ ਉਤੇ ਆਪਣੀ ਮਿਹਰ ਦੀ ਨਿਗਾਹ ਕਰਦਾ ਹੈ।
60311	1422	ਸਤਿਗੁਰ ਕੀ ਸੇਵੈ ਲਗਿਆ ਭਉਜਲੁ ਤਰੈ ਸੰਸਾਰੁ॥		Sathigur Kee Saevai Lagiaa Bhoujal Tharai Sansaar ||	Joined to the service of the True Guru, the mortal being crosses over the terrifying world-ocean.	ਗੁਰੂ ਦੀ (ਦੱਸੀ) ਸੇਵਾ ਵਿਚ ਲੱਗਿਆਂ ਜਗਤ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।
60312	1422	ਮਨ ਚਿੰਦਿਆ ਫਲੁ ਪਾਇਸੀ ਅੰਤਰਿ ਬਿਬੇਕ ਬੀਚਾਰੁ॥		Man Chindhiaa Fal Paaeisee Anthar Bibaek Beechaar ||	The fruits of the mind's desires are obtained, with clear contemplation and discriminating understanding within.	(ਜਿਹੜਾ ਭੀ ਮਨੁੱਖ ਗੁਰੂ ਦੀ ਦੱਸੀ ਸੇਵਾ ਕਰੇਗਾ ਉਹ) ਮਨ-ਮੰਗੀ ਮੁਰਾਦ ਪ੍ਰਾਪਤ ਕਰ ਲਏਗਾ ਉਸ ਦੇ ਅੰਦਰ ਚੰਗੇ ਮੰਦੇ ਕੰਮ ਦੀ ਪਰਖ ਦੀ ਸੂਝ (ਪੈਦਾ ਹੋ ਜਾਇਗੀ)।
60313	1422	ਨਾਨਕ ਸਤਿਗੁਰਿ ਮਿਲਿਐ ਪ੍ਰਭੁ ਪਾਈਐ ਸਭੁ ਦੂਖ ਨਿਵਾਰਣਹਾਰੁ॥੧੬॥		Naanak Sathigur Miliai Prabh Paaeeai Sabh Dhookh Nivaaranehaar ||16||	O Nanak, meeting the True Guru, God is found; He is the Eradicator of all sorrow. ||16||	ਹੇ ਨਾਨਕ! ਜੇ ਗੁਰੂ ਮਿਲ ਪਏ, ਤਾਂ ਉਹ ਪਰਮਾਤਮਾ ਮਿਲ ਪੈਂਦਾ ਹੈ, ਜੋ ਹਰੇਕ ਦੁੱਖ ਦੂਰ ਕਰਨ ਦੀ ਸਮਰਥਾ ਵਾਲਾ ਹੈ ॥੧੬॥

60314	1422	ਮਨਮੁਖ ਸੇਵਾ ਜੋ ਕਰੇ ਦੂਜੈ ਭਾਇ ਚਿਤੁ ਲਾਇ॥		Manamukh Saevaa Jo Karae Dhoojai Bhaae Chith Laae ||	The self-willed manmukh may perform service, but his consciousness is attached to the love of duality.	ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਜਿਹੜੀ ਭੀ ਸੇਵਾ ਕਰਦਾ ਹੈ, (ਉਸ ਦੇ ਨਾਲ ਨਾਲ ਉਹ ਆਪਣਾ) ਚਿੱਤ (ਪਰਮਾਤਮਾ ਤੋਂ ਬਿਨਾ) ਹੋਰ ਦੇ ਪਿਆਰ ਵਿਚ ਜੋੜੀ ਰੱਖਦਾ ਹੈ।
60315	1422	ਪੁਤੁ ਕਲਤੁ ਕੁਟੰਬੁ ਹੈ ਮਾਇਆ ਮੋਹੁ ਵਧਾਇ॥	ਕ-ਲੱਤੁ	Puth Kalath Kuttanb Hai Maaeiaa Mohu Vadhhaae ||	Through Maya, his emotional attachment to children, spouse and relatives increases.	(ਇਹ ਮੇਰਾ) ਪੁੱਤਰ (ਹੈ, ਇਹ ਮੇਰੀ) ਇਸਤ੍ਰੀ (ਹੈ, ਇਹ ਮੇਰਾ) ਪਰਵਾਰ ਹੈ (-ਇਹ ਆਖ ਆਖ ਕੇ ਹੀ ਉਹ ਮਨੁੱਖ ਆਪਣੇ ਅੰਦਰ) ਮਾਇਆ ਦਾ ਮੋਹ ਵਧਾਈ ਜਾਂਦਾ ਹੈ।
60316	1422	ਦਰਗਹਿ ਲੇਖਾ ਮੰਗੀਐ ਕੋਈ ਅੰਤਿ ਨ ਸਕੀ ਛਡਾਇ॥		Dharagehi Laekhaa Mangeeai Koee Anth N Sakee Shhaddaae ||	He shall be called to account in the Court of the Lord, and in the end, no one will be able to save him.	ਪਰਮਾਤਮਾ ਦੀ ਦਰਗਾਹ ਵਿਚ (ਕੀਤੇ ਕਰਮਾਂ ਦਾ) ਹਿਸਾਬ (ਤਾਂ) ਮੰਗਿਆ (ਹੀ) ਜਾਂਦਾ ਹੈ, (ਮਾਇਆ ਦੇ ਮੋਹ ਦੀ ਫਾਹੀ ਤੋਂ) ਅੰਤ ਵੇਲੇ ਕੋਈ ਛੁਡਾ ਨਹੀਂ ਸਕਦਾ।
60317	1423	ਬਿਨੁ ਨਾਵੈ ਸਭੁ ਦੁਖੁ ਹੈ ਦੁਖਦਾਈ ਮੋਹ ਮਾਇ॥		Bin Naavai Sabh Dhukh Hai Dhukhadhaaee Moh Maae ||	Without the Lord's Name, all is pain. Attachment to Maya is agonizingly painful.	ਮਾਇਆ ਦਾ ਮੋਹ ਦੁਖਦਾਈ ਸਾਬਤ ਹੁੰਦਾ ਹੈ, ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਸਾਰਾ (ਉੱਦਮ) ਦੁਖ (ਦਾ ਹੀ ਮੂਲ) ਹੈ।

60318	1423	ਨਾਨਕ ਗੁਰਮੁਖਿ ਨਦਰੀ ਆਇਆ ਮੋਹ ਮਾਇਆ ਵਿਛੁੜਿ ਸਭ ਜਾਇ॥੧੭॥		Naanak Guramukh Nadharee Aaeiaa Moh Maaeiaa Vishhurr Sabh Jaae ||17||	O Nanak, the Gurmukh comes to see, that attachment to Maya separates all from the Lord. ||17||	ਹੇ ਨਾਨਕ! ਗੁਰੂ ਦੀ ਸ਼ਰਨ ਪੈ ਕੇ (ਜਿਸ ਮਨੁੱਖ ਨੂੰ ਇਹ ਭੇਤ) ਦਿੱਸ ਪੈਂਦਾ ਹੈ, (ਉਸ ਦੇ ਅੰਦਰੋਂ) ਮਾਇਆ ਦਾ ਸਾਰਾ ਮੋਹ ਦੂਰ ਹੋ ਜਾਂਦਾ ਹੈ ॥੧੭॥
60319	1423	ਗੁਰਮੁਖਿ ਹੁਕਮੁ ਮੰਨੇ ਸਹ ਕੇਰਾ ਹੁਕਮੇ ਹੀ ਸੁਖੁ ਪਾਏ॥		Guramukh Hukam Mannae Seh Kaeraa Hukamae Hee Sukh Paaeae ||	The Gurmukh obeys the Order of her Husband Lord God; through the Hukam of His Command, she finds peace.	ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਿਹ ਕੇ ਖਸਮ-ਪ੍ਰਭੂ ਦਾ ਹੁਕਮ ਮੰਨਦਾ ਹੈ, ਉਹ ਹੁਕਮ ਵਿਚ ਟਿਕ ਕੇ ਹੀ ਆਤਮਕ ਆਨੰਦ ਮਾਣਦਾ ਹੈ।
60320	1423	ਹੁਕਮੋ ਸੇਵੇ ਹੁਕਮੁ ਅਰਾਧੇ ਹੁਕਮੇ ਸਮੈ ਸਮਾਏ॥		Hukamo Saevae Hukam Araadhhae Hukamae Samai Samaaeae ||	In His Will, she serves; in His Will, she worship and adores Him.	ਉਹ ਮਨੁੱਖ ਪ੍ਰਭੂ ਦੇ ਹੁਕਮ ਨੂੰ ਹਰ ਵੇਲੇ ਚੇਤੇ ਰੱਖਦਾ ਹੈ, ਹੁਕਮ ਦੀ ਭਗਤੀ ਕਰਦਾ ਹੈ, ਹਰ ਵੇਲੇ ਹੁਕਮ ਵਿਚ ਲੀਨ ਰਹਿੰਦਾ ਹੈ।
60321	1423	ਹੁਕਮੁ ਵਰਤੁ ਨੇਮੁ ਸੁਚ ਸੰਜਮੁ ਮਨ ਚਿੰਦਿਆ ਫਲੁ ਪਾਏ॥		Hukam Varath Naem Such Sanjam Man Chindhiaa Fal Paaeae ||	In His Will, she merges in absorption. His Will is her fast, vow, purity and self-discipline; through it, she obtains the fruits of her mind's desires.	ਵਰਤ (ਆਦਿਕ ਰੱਖਣ ਦਾ) ਨੇਮ, ਸਰੀਰਕ ਪਵਿਤ੍ਰਤਾ, ਇੰਦ੍ਰਿਆਂ ਨੂੰ ਰੋਕਣ ਦਾ ਜਤਨ- ਇਹ ਸਭ ਕੁਝ ਉਸ ਮਨੁੱਖ ਦੇ ਵਾਸਤੇ ਪ੍ਰਭੂ ਦਾ ਹੁਕਮ ਮੰਨਣਾ ਹੀ ਹੈ। (ਹੁਕਮ ਮੰਨ ਕੇ) ਉਹ ਮਨੁੱਖ ਮਨ-ਮੰਗੀ ਮੁਰਾਦ ਪ੍ਰਾਪਤ ਕਰਦਾ ਹੈ।

60322	1423	ਸਦਾ ਸੁਹਾਗਣਿ ਜਿ ਹੁਕਮੈ ਬੁਝੈ ਸਤਿਗੁਰੁ ਸੇਵੈ ਲਿਵ ਲਾਏ॥	ਬੁੱਝੈ	Sadhaa Suhaagan J Hukamai Bujhai Sathigur Saevai Liv Laaeae ||	She is always and forever the happy, pure soul-bride, who realizes His Will; she serves the True Guru, inspired by loving absorption.	ਜਿਹੜੀ ਜੀਵ-ਇਸਤ੍ਰੀ ਪਰਮਾਤਮਾ ਦੀ ਰਜ਼ਾ ਨੂੰ ਸਮਝਦੀ ਹੈ, ਜਿਹੜੀ ਸੁਰਤ ਜੋੜ ਕੇ ਗੁਰੂ ਦੀ ਸਰਨ ਪਈ ਰਹਿੰਦੀ ਹੈ, ਉਹ ਜੀਵ-ਇਸਤ੍ਰੀ ਸਦਾ ਭਾਗਾਂ ਵਾਲੀ ਹੈ।
60323	1423	ਨਾਨਕ ਕ੍ਰਿਪਾ ਕਰੇ ਜਿਨ ਊਪਰਿ ਤਿਨਾ ਹੁਕਮੇ ਲਏ ਮਿਲਾਏ॥੧੮॥		Naanak Kirapaa Karae Jin Oopar Thinaa Hukamae Leae Milaaeae ||18||	O Nanak, those upon whom the Lord showers His Mercy, are merged and immersed in His Will. ||18||	ਹੇ ਨਾਨਕ! ਜਿਨ੍ਹਾਂ ਜੀਵਾਂ ਉੱਤੇ (ਪਰਮਾਤਮਾ) ਮਿਹਰ ਕਰਦਾ ਹੈ, ਉਹਨਾਂ ਨੂੰ (ਆਪਣੇ) ਹੁਕਮ ਵਿਚ ਲੀਨ ਕਰ ਲੈਂਦਾ ਹੈ ॥੧੮॥
60324	1423	ਮਨਮੁਖਿ ਹੁਕਮੁ ਨ ਬੁਝੇ ਬਪੁੜੀ ਨਿਤ ਹਉਮੈ ਕਰਮ ਕਮਾਇ॥	ਬੁੱਝੇ ਬੱਪੁੜੀ	Manamukh Hukam N Bujhae Bapurree Nith Houmai Karam Kamaae ||	The wretched, self-willed manmukhs do not realize His Will; they continually act in ego.	ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਬਦ-ਨਸੀਬ ਜੀਵ-ਇਸਤ੍ਰੀ (ਪਰਮਾਤਮਾ ਦੀ) ਰਜ਼ਾ ਨੂੰ ਨਹੀਂ ਸਮਝਦੀ, ਸਦਾ ਹਉਮੈ ਦੇ ਆਸਰੇ (ਆਪਣੇ ਵਲੋਂ ਮਿਥੇ ਹੋਏ ਧਾਰਮਿਕ) ਕੰਮ ਕਰਦੀ ਰਹਿੰਦੀ ਹੈ।
60325	1423	ਵਰਤ ਨੇਮੁ ਸੁਚ ਸੰਜਮੁ ਪੂਜਾ ਪਾਖੰਡਿ ਭਰਮੁ ਨ ਜਾਇ॥	ਪੂਜਾ: ਪੋਲਾ ਬੋਲੋ	Varath Naem Such Sanjam Poojaa Paakhandd Bharam N Jaae ||	By ritualistic fasts, vows, purities, self-disciplines and worship ceremonies, they still cannot get rid of their hypocrisy and doubt.	ਉਹ ਵਰਤ ਨੇਮ ਸੁੱਚ ਸੰਜਮ ਦੇਵ-ਪੂਜਾ (ਆਦਿਕ ਕਰਮ ਕਰਦੀ ਹੈ, ਪਰ ਇਹ ਹਨ ਨਿਰਾ ਵਿਖਾਵਾ, ਤੇ) ਵਿਖਾਵੇ ਨਾਲ ਮਨ ਦੀ ਭਟਕਣਾ ਦੂਰ ਨਹੀਂ ਹੁੰਦੀ।

60326	1423	ਅੰਤਰਹੁ ਕੁਸੁਧੁ ਮਾਇਆ ਮੋਹਿ ਬੇਧੇ ਜਿਉ ਹਸਤੀ ਛਾਰੁ ਉਡਾਏ॥	ਕੁ-ਸੁੱਧੁ। ਬੇੱਧੇ	Antharahu Kusudhh Maaeiaa Mohi Baedhhae Jio Hasathee Shhaar Ouddaaeae ||	Inwardly, they are impure, pierced through by attachment to Maya; they are like elephants, who throw dirt all over themselves right after their bath.	(ਜਿਨ੍ਹਾਂ ਮਨੁੱਖਾਂ ਦਾ ਮਨ) ਅੰਦਰੋਂ ਖੋਟਾ ਰਹਿੰਦਾ ਹੈ, ਜਿਹੜੇ ਮਾਇਆ ਦੇ ਮੋਹ ਵਿਚ ਵਿੱਝੇ ਰਹਿੰਦੇ ਹਨ (ਉਹਨਾਂ ਦੇ ਕੀਤੇ ਧਾਰਮਿਕ ਕਰਮ ਇਉਂ ਹੀ ਹਨ) ਜਿਵੇਂ ਹਾਥੀ (ਨ੍ਹਾ ਕੇ ਆਪਣੇ ਉੱਤੇ) ਮਿੱਟੀ ਉਡਾ ਕੇ ਪਾ ਲੈਂਦਾ ਹੈ।
60327	1423	ਜਿਨਿ ਉਪਾਏ ਤਿਸੈ ਨ ਚੇਤਹਿ ਬਿਨੁ ਚੇਤੇ ਕਿਉ ਸੁਖੁ ਪਾਏ॥		Jin Oupaaeae Thisai N Chaethehi Bin Chaethae Kio Sukh Paaeae ||	They do not even think of the One who created them. Without thinking of Him, they cannot find peace.	ਉਹ ਮਨੁੱਖ ਉਸ ਪਰਮਾਤਮਾ ਨੂੰ ਯਾਦ ਨਹੀਂ ਕਰਦੇ, ਜਿਸ ਨੇ (ਉਹਨਾਂ ਨੂੰ) ਪੈਦਾ ਕੀਤਾ। (ਹਰਿ-ਨਾਮ ਦਾ) ਸਿਮਰਨ ਕਰਨ ਤੋਂ ਬਿਨਾ ਕੋਈ ਮਨੁੱਖ ਕਦੇ ਸੁਖ ਨਹੀਂ ਪਾ ਸਕਦਾ।
60328	1423	ਨਾਨਕ ਪਰਪੰਚੁ ਕੀਆ ਧੁਰਿ ਕਰਤੈ ਪੂਰਬਿ ਲਿਖਿਆ ਕਮਾਏ॥੧੯॥		Naanak Parapanch Keeaa Dhhur Karathai Poorab Likhiaa Kamaaeae ||19||	O Nanak, the Primal Creator has made the drama of the Universe; all act as they are pre-ordained. ||19||	ਹੇ ਨਾਨਕ! ਕਰਾਤਰ ਨੇ ਹੀ ਧੁਰ ਦਰਗਾਹ ਤੋਂ (ਆਪਣੇ ਹੁਕਮ ਨਾਲ) ਜਗਤ-ਰਚਨਾ ਕੀਤੀ ਹੋਈ ਹੈ, ਹਰੇਕ ਜੀਵ ਆਪਣੇ ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਹੀ (ਹੁਣ ਭੀ) ਕਰਮ ਕਰੀ ਜਾਂਦਾ ਹੈ ॥੧੯॥

60329	1423	ਗੁਰਮੁਖਿ ਪਰਤੀਤਿ ਭਈ ਮਨੁ ਮਾਨਿਆ ਅਨ ਦਿਨੁ ਸੇਵਾ ਕਰਤ ਸਮਾਇ॥		Guramukh Paratheeth Bhee Man Maaniaa Anadhin Saevaa Karath Samaae ||	The Gurmukh has faith; his mind is contented and satisfied. Night and day, he serves the Lord, absorbed in Him.	ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦੇ ਅੰਦਰ (ਗੁਰੂ ਵਾਸਤੇ) ਸਰਧਾ ਬਣੀ ਰਹਿੰਦੀ ਹੈ, (ਉਸ ਦਾ) ਮਨ (ਗੁਰੂ ਵਿਚ) ਪਤੀਜਿਆ ਰਹਿੰਦਾ ਹੈ, ਉਹ ਹਰ ਵੇਲੇ ਸੇਵਾ ਕਰਦਿਆਂ (ਸੇਵਾ ਵਿਚ) ਮਸਤ ਰਹਿੰਦਾ ਹੈ।
60330	1423	ਅੰਤਰਿ ਸਤਿਗੁਰੁ ਗੁਰੂ ਸਭ ਪੂਜੇ ਸਤਿਗੁਰ ਕਾ ਦਰਸੁ ਦੇਖੈ ਸਭ ਆਇ॥	ਪੂੱਜੇ	Anthar Sathigur Guroo Sabh Poojae Sathigur Kaa Dharas Dhaekhai Sabh Aae ||	The Guru, the True Guru, is within; all worship and adore Him. Everyone comes to see the Blessed Vision of His Darshan.	(ਜਿਸ ਮਨੁੱਖ ਦੇ) ਹਿਰਦੇ ਵਿਚ (ਸਦਾ) ਗੁਰੂ ਵੱਸਦਾ ਹੈ ਸਭ ਦਾ ਆਦਰ-ਸਤਕਾਰ ਕਰਦਾ ਹੈ, ਉਹ ਸਾਰੀ ਲੁਕਾਈ ਵਿਚ ਗੁਰੂ ਦਾ ਦਰਸਨ ਕਰਦਾ ਹੈ।
60331	1423	ਮੰਨੀਐ ਸਤਿਗੁਰ ਪਰਮ ਬੀਚਾਰੀ ਜਿਤੁ ਮਿਲਿਐ ਤਿਸਨਾ ਭੁਖ ਸਭ ਜਾਇ॥		Manneeai Sathigur Param Beechaaree Jith Miliai Thisanaa Bhukh Sabh Jaae ||	So believe in the True Guru, the supreme sublime Contemplator. Meeting with Him, hunger and thirst are completely relieved.	ਸਭ ਤੋਂ ਉੱਚੀ ਆਤਮਕ ਵਿਚਾਰ ਦੇ ਮਾਲਕ ਗੁਰੂ ਵਿਚ ਸਰਧਾ ਬਣਾਈ ਚਾਹੀਦੀ ਹੈ, ਜਿਸ (ਗੁਰੂ) ਦੇ ਮਿਲਿਆਂ (ਮਾਇਆ ਦੀ) ਸਾਰੀ ਭੁੱਖ ਸਾਰੀ ਤ੍ਰਿਹ ਦੂਰ ਹੋ ਜਾਂਦੀ ਹੈ।

60332	1423	ਹਉ ਸਦਾ ਸਦਾ ਬਲਿਹਾਰੀ ਗੁਰ ਅਪੁਨੇ ਜੋ ਪ੍ਰਭੁ ਸਚਾ ਦੇਇ ਮਿਲਾਇ॥	ਦੇ-ਇ	Ho Sadhaa Sadhaa Balihaaree Gur Apunae Jo Prabh Sachaa Dhaee Milaae ||	I am forever a sacrifice to my Guru, who leads me to meet the True Lord God.	ਮੈਂ ਸਦਾ ਹੀ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ ਕਿਉਂਕਿ ਉਹ ਗੁਰੂ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਮਿਲਾ ਦੇਂਦਾ ਹੈ।
60333	1423	ਨਾਨਕ ਕਰਮੁ ਪਾਇਆ ਤਿਨ ਸਚਾ ਜੋ ਗੁਰ ਚਰਣੀ ਲਗੇ ਆਇ॥੨੦॥		Naanak Karam Paaeiaa Thin Sachaa Jo Gur Charanee Lagae Aae ||20||	O Nanak, those who come and fall at the Feet of the Guru are blessed with the karma of Truth. ||20||	ਹੇ ਨਾਨਕ! ਜਿਹੜੇ ਮਨੁੱਖ ਗੁਰੂ ਦੇ ਚਰਨਾਂ ਵਿਚ ਆ ਕੇ ਟਿਕ ਗਏ, ਉਹਨਾਂ ਨੇ ਸਦਾ ਕਾਇਮ ਰਹਿਣ ਵਾਲੀ (ਰੱਬੀ) ਮਿਹਰ ਪ੍ਰਾਪਤ ਕਰ ਲਈ ॥੨੦॥
60334	1423	ਜਿਨ ਪਿਰੀਆ ਸਉ ਨੇਹੁ ਸੇ ਸਜਣ ਮੈ ਨਾਲਿ॥	ਸੱਜਣ	Jin Pireeaa So Naehu Sae Sajan Mai Naal ||	That Beloved, with whom I am in love, that Friend of mine is with me.	ਜਿਨ੍ਹਾਂ (ਸਤ ਸੰਗੀਆਂ ਦਾ) ਪਿਆਰੇ ਪ੍ਰਭੂ ਨਾਲ ਪਿਆਰ ਬਣਿਆ ਹੋਇਆ ਹੈ, ਉਹ ਸਤਸੰਗੀ ਸੱਜਣ ਮੇਰੇ ਨਾਲ (ਸਹਾਈ) ਹਨ।
60335	1423	ਅੰਤਰਿ ਬਾਹਰਿ ਹਉ ਫਿਰਾਂ ਭੀ ਹਿਰਦੈ ਰਖਾ ਸਮਾਲਿ॥੨੧॥		Anthar Baahar Ho Firaan Bhee Hiradhai Rakhaa Samaal ||21||	I wander around inside and outside, but I always keep Him enshrined within my heart. ||21||	(ਉਹਨਾਂ ਦੇ ਸਤਸੰਗ ਦੀ ਬਰਕਤਿ ਨਾਲ) ਮੈਂ ਅੰਦਰ ਬਾਹਰ (ਦੁਨੀਆ ਦੇ ਕਾਰ ਵਿਹਾਰ ਵਿਚ ਭੀ) ਤੁਰਿਆ ਫਿਰਦਾ ਹਾਂ, (ਫਿਰ) ਭੀ (ਪਰਮਾਤਮਾ ਨੂੰ ਆਪਣੇ) ਹਿਰਦੇ ਵਿਚ ਸੰਭਾਲ ਕੇ ਰੱਖਦਾ ਹਾਂ ॥੨੧॥

60336	1423	ਜਿਨਾ ਇਕ ਮਨਿ ਇਕ ਚਿਤਿ ਧਿਆਇਆ ਸਤਿਗੁਰ ਸਉ ਚਿਤੁ ਲਾਇ॥		Jinaa Eik Man Eik Chith Dhhiaaeiaa Sathigur So Chith Laae ||	Those who meditate on the Lord single-mindedly, with one-pointed concentration, link their consciousness to the True Guru.	ਜਿਨ੍ਹਾਂ ਮਨੁੱਖਾਂ ਨੇ ਗੁਰ ਚਰਨਾਂ ਵਿਚ ਚਿੱਤ ਜੋੜ ਕੇ ਇਕਾਗਰ ਮਨ ਨਾਲ ਇਕਾਗਰ ਚਿੱਤ ਨਾਲ (ਪਰਮਾਤਮਾ ਦਾ ਨਾਮ) ਸਿਮਰਿਆ ਹੈ,
60337	1423	ਤਿਨ ਕੀ ਦੁਖ ਭੁਖ ਹਉਮੈ ਵਡਾ ਰੋਗੁ ਗਇਆ ਨਿਰਦੋਖ ਭਏ ਲਿਵ ਲਾਇ॥		Thin Kee Dhukh Bhukh Houmai Vaddaa Rog Gaeiaa Niradhokh Bheae Liv Laae ||	They are rid of pain, hunger, and the great illness of egotism; lovingly attuned to the Lord, they become free of pain.	ਉਹਨਾਂ ਦੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ, ਉਹਨਾਂ ਦੀ ਮਾਇਆ ਦੀ ਭੁੱਖ ਦੂਰ ਹੋ ਜਾਂਦੀ ਹੈ, ਉਹਨਾਂ ਦੇ ਅੰਦਰੋਂ ਹਉਮੈ ਦਾ ਵੱਡਾ ਰੋਗ ਦੂਰ ਹੋ ਜਾਂਦਾ ਹੈ, (ਪ੍ਰਭੂ-ਚਰਨਾਂ ਵਿਚ) ਸੁਰਤ ਜੋੜ ਕੇ ਉਹ ਪਵਿੱਤਰ ਜੀਵਨ ਵਾਲੇ ਬਣ ਜਾਂਦੇ ਹਨ।
60338	1423	ਗੁਣ ਗਾਵਹਿ ਗੁਣ ਉਚਰਹਿ ਗੁਣ ਮਹਿ ਸਵੈ ਸਮਾਇ॥	ਉੱਚ-ਰਹਿ	Gun Gaavehi Gun Oucharehi Gun Mehi Savai Samaae ||	They sing His Praises, and chant His Praises; in His Glorious Praises, they sleep in absorption.	ਉਹ ਮਨੁੱਖ ਸਦਾ ਪ੍ਰਭੂ ਦੇ ਗੁਣ ਗਾਂਦੇ ਹਨ, ਗੁਣ ਉਚਾਰਦੇ ਹਨ। (ਗੁਰੂ-ਚਰਨਾਂ ਵਿਚ ਸੁਰਤ ਜੋੜ ਕੇ) ਮਨੁੱਖ ਪਰਮਾਤਮਾ ਦੇ ਗੁਣਾਂ ਵਿਚ ਸਦਾ ਲੀਨ ਰਹਿੰਦਾ ਹੈ ਟਿਕਿਆ ਰਹਿੰਦਾ ਹੈ।
60339	1423	ਨਾਨਕ ਗੁਰ ਪੂਰੇ ਤੇ ਪਾਇਆ ਸਹਜਿ ਮਿਲਿਆ ਪ੍ਰਭੁ ਆਇ॥੨੨॥		Naanak Gur Poorae Thae Paaeiaa Sehaj Miliaa Prabh Aae ||22||	O Nanak, through the Perfect Guru, they come to meet God with intuitive peace and poise. ||22||	ਹੇ ਨਾਨਕ! ਪਰਮਾਤਮਾ ਪੂਰੇ ਗੁਰੂ ਦੀ ਰਾਹੀਂ ਮਿਲਦਾ ਹੈ, ਆਤਮਕ ਅਡੋਲਤਾ ਵਿਚ ਆ ਮਿਲਦਾ ਹੈ ॥੨੨॥

60340	1423	ਮਨਮੁਖਿ ਮਾਇਆ ਮੋਹੁ ਹੈ ਨਾਮਿ ਨ ਲਗੈ ਪਿਆਰੁ॥		Manamukh Maaeiaa Mohu Hai Naam N Lagai Piaar ||	The self-willed manmukhs are emotionally attached to Maya; they are not in love with the Naam.	ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੇ ਅੰਦਰ ਮਾਇਆ ਦਾ ਮੋਹ (ਬਣਿਆ ਰਹਿੰਦਾ) ਹੈ, (ਇਸ ਵਾਸਤੇ ਉਸ ਦਾ ਪਰਮਾਤਮਾ ਦੇ) ਨਾਮ ਵਿਚ ਪਿਆਰ ਨਹੀਂ ਬਣਦਾ।
60341	1423	ਕੂੜੁ ਕਮਾਵੈ ਕੂੜੁ ਸੰਘਰੈ ਕੂੜਿ ਕਰੈ ਆਹਾਰੁ॥		Koorr Kamaavai Koorr Sangharai Koorr Karai Aahaar ||	They practice falsehood, gather falsehood, and eat the food of falsehood.	ਉਹ ਮਨੁੱਖ ਠੱਗੀ-ਫ਼ਰੇਬ ਕਰਦਾ ਰਹਿੰਦਾ ਹੈ, ਠੱਗੀ-ਫ਼ਰੇਬ (ਦੇ ਸੰਸਕਾਰ ਆਪਣੇ ਅੰਦਰ) ਇਕੱਠੇ ਕਰਦਾ ਜਾਂਦਾ ਹੈ, ਠੱਗੀ-ਫ਼ਰੇਬ ਦੀ ਰਾਹੀਂ ਹੀ ਆਪਣੀ ਰੋਜ਼ੀ ਬਣਾਈ ਰੱਖਦਾ ਹੈ।
60342	1423	ਬਿਖੁ ਮਾਇਆ ਧਨੁ ਸੰਚਿ ਮਰਹਿ ਅੰਤਿ ਹੋਇ ਸਭੁ ਛਾਰੁ॥		Bikh Maaeiaa Dhhan Sanch Marehi Anth Hoe Sabh Shhaar ||	Gathering the poisonous wealth and property of Maya, they die; in the end, they are all reduced to ashes.	ਆਤਮਕ ਮੌਤ ਲਿਆਉਣ ਵਾਲੀ ਮਾਇਆ ਵਾਲਾ ਧਨ (ਮਨੁੱਖ ਦੇ) ਅੰਤ ਸਮੇ (ਉਸ ਦੇ ਭਾ ਦਾ) ਸਾਰਾ ਸੁਆਹ ਹੋ ਜਾਂਦਾ ਹੈ, (ਪਰ ਇਸੇ) ਧਨ ਨੂੰ ਜੋੜ ਜੋੜ ਕੇ (ਜੀਵ) ਆਤਮਕ ਮੌਤ ਸਹੇੜਦੇ ਰਹਿੰਦੇ ਹਨ,
60343	1423	ਕਰਮ ਧਰਮ ਸੁਚਿ ਸੰਜਮੁ ਕਰਹਿ ਅੰਤਰਿ ਲੋਭੁ ਵਿਕਾਰ॥		Karam Dhharam Such Sanjam Karehi Anthar Lobh Vikaar ||	They perform religious rituals of purity and self-discipline, but they are filled with greed, evil and corruption.	(ਆਪਣੇ ਵਲੋਂ ਤੀਰਥ-ਜਾਤ੍ਰਾ ਆਦਿਕ ਮਿਥੇ ਹੋਏ) ਧਾਰਮਿਕ ਕਰਮ ਕਰਦੇ ਹਨ, ਸਰੀਰਕ ਪਵਿੱਤ੍ਰਤਾ ਰੱਖਦੇ ਹਨ, (ਇਹੋ ਜਿਹਾ ਹਰੇਕ) ਸੰਜਮ ਕਰਦੇ ਹਨ, (ਪਰ ਉਹਨਾਂ ਦੇ) ਅੰਦਰ ਲੋਭ ਟਿਕਿਆ ਰਹਿੰਦਾ ਹੈ ਵਿਕਾਰ ਟਿਕੇ ਰਹਿੰਦੇ ਹਨ।

60344	1423	ਨਾਨਕ ਮਨਮੁਖਿ ਜਿ ਕਮਾਵੈ ਸੁ ਥਾਇ ਨ ਪਵੈ ਦਰਗਹ ਹੋਇ ਖੁਆਰੁ॥੨੩॥		Naanak Manamukh J Kamaavai S Thhaae N Pavai Dharageh Hoe Khuaar ||23||	O Nanak, the actions of the self-willed manmukhs are not accepted; in the Court of the Lord, they are miserable. ||23||	ਹੇ ਨਾਨਕ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਸਾਰੀ ਉਮਰ) ਜੋ ਕੁਝ ਕਰਦਾ ਰਹਿੰਦਾ ਹੈ ਉਹ ਪਰਮਾਤਮਾ ਦੀ ਹਜ਼ੂਰੀ ਵਿਚ ਪਰਵਾਨ ਨਹੀਂ ਹੁੰਦਾ, ਉਥੇ ਉਹ ਖ਼ੁਆਰ ਹੀ ਹੁੰਦਾ ਹੈ ॥੨੩॥
60345	1423	ਸਭਨਾ ਰਾਗਾਂ ਵਿਚਿ ਸੋ ਭਲਾ ਭਾਈ ਜਿਤੁ ਵਸਿਆ ਮਨਿ ਆਇ॥		Sabhanaa Raagaan Vich So Bhalaa Bhaaee Jith Vasiaa Man Aae ||	Among all Ragas, that one is sublime, O Siblings of Destiny, by which the Lord comes to abide in the mind.	ਹੇ ਭਾਈ! ਸਾਰੇ ਰਾਗਾਂ ਵਿਚ ਉਹ (ਹਰਿ-ਨਾਮ ਸਿਮਰਨ ਹੀ) ਚੰਗਾ (ਉੱਦਮ) ਹੈ, ਕਿਉਂਕਿ ਉਸ (ਸਿਮਰਨ) ਦੀ ਰਾਹੀਂ (ਹੀ ਪਰਮਾਤਮਾ ਮਨੁੱਖ ਦੇ) ਮਨ ਵਿਚ ਆ ਕੇ ਵੱਸਦਾ ਹੈ।
60346	1423	ਰਾਗੁ ਨਾਦੁ ਸਭੁ ਸਚੁ ਹੈ ਕੀਮਤਿ ਕਹੀ ਨ ਜਾਇ॥		Raag Naadh Sabh Sach Hai Keemath Kehee N Jaae ||	Those Ragas which are in the Sound-current of the Naad are totally true; their value cannot be expressed.	ਹੇ ਭਾਈ! ਸਦਾ-ਥਿਰ ਹਰਿ-ਨਾਮ (ਦਾ ਸਿਮਰਨ ਹੀ ਮਨੁੱਖ ਵਾਸਤੇ) ਸਭ ਕੁਝ ਹੈ, ਸਦਾ-ਥਿਰ ਹਰਿ-ਨਾਮ ਹੀ (ਮਨੁੱਖ ਵਾਸਤੇ) ਰਾਗ ਹੈ ਨਾਦ ਹੈ, (ਹਰਿ-ਨਾਮ ਦੇ ਸਿਮਰਨ ਦਾ) ਮੁੱਲ ਬਿਆਨ ਨਹੀਂ ਕੀਤਾ ਜਾ ਸਕਦਾ।

60347	1423	ਰਾਗੈ ਨਾਦੈ ਬਾਹਰਾ ਇਨੀ ਹੁਕਮੁ ਨ ਬੂਝਿਆ ਜਾਇ॥		Raagai Naadhai Baaharaa Einee Hukam N Boojhiaa Jaae ||	Those Ragas which are not in the Sound-current of the Naad - by these, the Lord's Will cannot be understood.	ਪਰਮਾਤਮਾ (ਦਾ ਮਿਲਾਪ) ਰਾਗ (ਦੀ ਕੈਦ) ਤੋਂ ਪਰੇ ਹੈ, ਨਾਦ (ਦੀ ਕੈਦ) ਤੋਂ ਪਰੇ ਹੈ। ਇਹਨਾਂ (ਰਾਗਾਂ ਨਾਦਾਂ) ਦੀ ਰਾਹੀਂ (ਪਰਮਾਤਮਾ ਦੀ) ਰਜ਼ਾ ਨੂੰ ਸਮਝਿਆ ਨਹੀਂ ਜਾ ਸਕਦਾ।
60348	1423	ਨਾਨਕ ਹੁਕਮੈ ਬੂਝੈ ਤਿਨਾ ਰਾਸਿ ਹੋਇ ਸਤਿਗੁਰ ਤੇ ਸੋਝੀ ਪਾਇ॥	ਬੂੱਝੈ।ਸੋੱਝੀ	Naanak Hukamai Boojhai Thinaa Raas Hoe Sathigur Thae Sojhee Paae ||	O Nanak, they alone are right, who understand the Will of the True Guru.	ਹੇ ਨਾਨਕ! (ਜਿਹੜਾ ਜਿਹੜਾ ਮਨੁੱਖ ਪਰਮਾਤਮਾ ਦੀ) ਰਜ਼ਾ ਨੂੰ ਸਮਝ ਲੈਂਦਾ ਹੈ ਉਹਨਾਂ ਵਾਸਤੇ (ਰਾਗ ਭੀ) ਸਹਾਈ ਹੋ ਸਕਦਾ ਹੈ (ਉ ੰਞ ਨਿਰੇ ਰਾਗ ਹੀ ਆਤਮਕ ਜੀਵਨ ਦੇ ਰਸਤੇ ਵਿਚ ਸਹਾਈ ਨਹੀਂ ਹਨ)।
60349	1423	ਸਭ ਕਿਛੁ ਤਿਸ ਤੇ ਹੋਇਆ ਜਿਉ ਤਿਸੈ ਦੀ ਰਜਾਇ॥੨੪॥		Sabh Kishh This Thae Hoeiaa Jio Thisai Dhee Rajaae ||24||	Everything happens as He wills. ||24||	ਗੁਰੂ ਪਾਸੋਂ ਇਹ ਸਮਝ ਪੈਂਦੀ ਹੈ ਕਿ ਸਭ ਕੁਝ ਉਸ ਪਰਮਾਤਮਾ ਤੋਂ ਹੀ ਹੋ ਰਿਹਾ ਹੈ, ਜਿਵੇਂ ਉਸ ਦੀ ਰਜ਼ਾ ਹੈ, (ਤਿਵੇਂ ਹੀ ਸਭ ਕੁਝ ਹੋ ਰਿਹਾ ਹੈ) ॥੨੪॥
60350	1424	ਸਤਿਗੁਰ ਵਿਚਿ ਅੰਮ੍ਰਿਤ ਨਾਮੁ ਹੈ ਅੰਮ੍ਰਿਤੁ ਕਹੈ ਕਹਾਇ॥		Sathigur Vich Anmrith Naam Hai Anmrith Kehai Kehaae ||	The Ambrosial Nectar of the Naam, the Name of the Lord, is within the True Guru.	(ਪਰਮਾਤਮਾ ਦਾ) ਆਤਮਕ ਜੀਵਨ ਦੇਣ ਵਾਲਾ ਨਾਮ ਗੁਰੂ (ਦੇ ਹਿਰਦੇ) ਵਿਚ ਵੱਸਦਾ ਹੈ, (ਗੁਰੂ ਆਪ ਇਹ) ਅੰਮ੍ਰਿਤ-ਨਾਮ ਜਪਦਾ ਹੈ (ਅਤੇ ਹੋਰਨਾਂ ਪਾਸੋ) ਜਪਾਂਦਾ ਹੈ।

60351	1424	ਗੁਰਮਤੀ ਨਾਮੁ ਨਿਰਮਲੋ ਨਿਰਮਲ ਨਾਮੁ ਧਿਆਇ॥	(ਨਿਰਮਲੋ) ਔਂਕੜ ਅਤੇ ਹੋੜੇ ਦੇ ਵਿਚਾਲੇ ਬੋਲੋ	Guramathee Naam Niramaluo Niramal Naam Dhhiaae ||	Following the Guru's Teachings, one meditates on the Immaculate Naam, the Pure and Holy Naam.	ਗੁਰੂ ਦੀ ਮੱਤ ਉਤੇ ਤੁਰਿਆਂ ਹੀ (ਇਹ) ਪਵਿੱਤਰ ਨਾਮ (ਪ੍ਰਾਪਤ ਹੁੰਦਾ ਹੈ। ਗੁਰੂ ਦੀ ਮੱਤ ਉਤੇ ਤੁਰ ਕੇ ਹੀ ਮਨੁੱਖ ਇਹ) ਪਵਿੱਤਰ ਨਾਮ ਜਪ (ਸਕਦਾ ਹੈ)।
60352	1424	ਅੰਮ੍ਰਿਤ ਬਾਣੀ ਤਤੁ ਹੈ ਗੁਰਮੁਖਿ ਵਸੈ ਮਨਿ ਆਇ॥		Anmrith Baanee Thath Hai Guramukh Vasai Man Aae ||	The Ambrosial Word of His Bani is the true essence. It comes to abide in the mind of the Gurmukh.	(ਮਨੁੱਖਾ ਜੀਵਨ ਦਾ) ਤੱਤ (ਹਰਿ-ਨਾਮ ਗੁਰੂ ਦੀ) ਆਤਮਕ ਜੀਵਨ ਦੇਣ ਵਾਲੀ ਬਾਣੀ ਦੀ ਰਾਹੀਂ ਹੀ ਮਿਲਦਾ ਹੈ, ਗੁਰੂ ਦੀ ਸਰਨ ਪਿਆਂ ਹੀ (ਹਰਿ-ਨਾਮ ਮਨੁੱਖ ਦੇ) ਮਨ ਵਿਚ ਆ ਵੱਸਦਾ ਹੈ।
60353	1424	ਹਿਰਦੈ ਕਮਲੁ ਪਰਗਾਸਿਆ ਜੋਤੀ ਜੋਤਿ ਮਿਲਾਇ॥	ਪਰ-ਗਾਸਿਆ	Hiradhai Kamal Paragaasiaa Jothee Joth Milaae ||	The heart-lotus blossoms forth, and one's light merges in the Light.	(ਜਿਸ ਮਨੁੱਖ ਦੇ ਅੰਦਰ ਹਰਿ-ਨਾਮ ਆ ਵੱਸਦਾ ਹੈ, ਉਸ ਦੇ) ਹਿਰਦੇ ਦਾ ਕੌਲ-ਫੁੱਲ ਖਿੜ ਪੈਂਦਾ ਹੈ, (ਉਸ ਦੀ) ਜਿੰਦ ਪਰਮਾਤਮਾ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ।
60354	1424	ਨਾਨਕ ਸਤਿਗੁਰੁ ਤਿਨ ਕਉ ਮੇਲਿਓਨੁ ਜਿਨ ਧੁਰਿ ਮਸਤਕਿ ਭਾਗੁ ਲਿਖਾਇ॥੨੫॥		Naanak Sathigur Thin Ko Maelioun Jin Dhhur Masathak Bhaag Likhaae ||25||	O Nanak, they alone meet with the True Guru, who have such pre-ordained destiny inscribed upon their foreheads. ||25||	ਪਰ, ਹੇ ਨਾਨਕ! ਉਸ (ਪਰਮਾਤਮਾ) ਨੇ ਗੁਰੂ ਉਹਨਾਂ (ਮਨੁੱਖਾਂ) ਨੂੰ ਮਿਲਾਇਆ, ਜਿਨ੍ਹਾਂ ਦੇ ਮੱਥੇ ਉਤੇ (ਉਸ ਨੇ) ਧੁਰ ਦਰਗਾਹ ਤੋਂ (ਇਹ) ਚੰਗੀ ਕਿਸਮਤ ਲਿਖ ਦਿੱਤੀ ॥੨੫॥

60355	1424	ਅੰਦਰਿ ਤਿਸਨਾ ਅਗਿ ਹੈ ਮਨਮੁਖ ਭੁਖ ਨ ਜਾਇ॥	ਅੱਗਿ	Andhar Thisanaa Ag Hai Manamukh Bhukh N Jaae ||	Within the self-willed manmukhs is the fire of desire; their hunger does not depart.	ਆਪਣੇ ਮਨ ਦੇ ਮੁਰੀਦ ਮਨੁੱਖ ਦੇ ਹਿਰਦੇ ਵਿਚ ਤ੍ਰਿਸ਼ਨਾ ਦੀ (ਅੱਗ ਬਲਦੀ) ਰਹਿੰਦੀ, (ਉਸ ਦੇ ਅੰਦਰੋਂ ਮਾਇਆ ਦੀ) ਭੁੱਖ (ਕਦੇ) ਦੂਰ ਨਹੀਂ ਹੁੰਦੀ।
60356	1424	ਮੋਹੁ ਕੁਟੰਬੁ ਸਭੁ ਕੂੜੁ ਹੈ ਕੂੜਿ ਰਹਿਆ ਲਪਟਾਇ॥		Mohu Kuttanb Sabh Koorr Hai Koorr Rehiaa Lapattaae ||	Emotional attachments to relatives are totally false; they remain engrossed in falsehood.	(ਜਗਤ ਦਾ ਇਹ) ਮੋਹ ਨਾਸਵੰਤ ਪਸਾਰਾ ਹੈ, (ਇਹ) ਪਰਵਾਰ (ਭੀ) ਨਾਸਵੰਤ ਪਸਾਰਾ ਹੈ, (ਪਰ ਮਨ ਦਾ ਮੁਰੀਦ ਮਨੁੱਖ ਇਸ) ਨਾਸਵੰਤ ਪਸਾਰੇ ਵਿਚ (ਸਦਾ) ਫਸਿਆ ਰਹਿੰਦਾ ਹੈ।
60357	1424	ਅਨ ਦਿਨੁ ਚਿੰਤਾ ਚਿੰਤਵੈ ਚਿੰਤਾ ਬਧਾ ਜਾਇ॥	ਬੱਧਾ	Anadhin Chinthaa Chinthavai Chinthaa Badhhaa Jaae ||	Night and day, they are troubled by anxiety; bound to anxiety, they depart.	ਹਰ ਵੇਲੇ (ਮਾਇਆ ਦੇ ਮੋਹ ਦੀਆਂ) ਸੋਚਾਂ ਸੋਚਦਾ ਰਹਿੰਦਾ ਹੈ, ਸੋਚਾਂ ਵਿਚ ਬੱਝਾ ਹੋਇਆ (ਹੀ ਜਗਤ ਤੋਂ) ਤੁਰ ਪੈਂਦਾ ਹੈ।
60358	1424	ਜੰਮਣੁ ਮਰਣੁ ਨ ਚੁਕਈ ਹਉਮੈ ਕਰਮ ਕਮਾਇ॥		Janman Maran N Chukee Houmai Karam Kamaae ||	Their comings and goings in reincarnation never end; they do their deeds in egotism.	ਹਉਮੈ ਦੇ ਆਸਰੇ ਹੀ (ਸਾਰੇ) ਕੰਮ ਕਰਦਾ ਰਹਿੰਦਾ ਹੈ (ਤਾਹੀਏਂ ਉਸ ਦਾ) ਜਨਮ ਮਰਣ ਦਾ ਗੇੜ (ਕਦੇ) ਮੁੱਕਦਾ ਨਹੀਂ।
60359	1424	ਗੁਰ ਸਰਣਾਈ ਉਬਰੈ ਨਾਨਕ ਲਏ ਛਡਾਇ॥੨੬॥		Gur Saranaaee Oubarai Naanak Leae Shhaddaae ||26||	But in the Guru's Sanctuary, they are saved, O Nanak, and set free. ||26||	ਪਰ, ਹੇ ਨਾਨਕ! ਗੁਰੂ ਦੀ ਸਰਨ ਪੈ ਕੇ (ਉਹ ਮਨਮੁਖ ਭੀ ਮੋਹ ਦੇ ਜਾਲ ਵਿਚੋਂ) ਬਚ ਨਿਕਲਦਾ ਹੈ, ਗੁਰੂ (ਇਸ ਮੋਹ-ਜਾਲ ਤੋਂ) ਛੁਡਾ ਲੈਂਦਾ ਹੈ ॥੨੬॥

60360	1424	ਸਤਿਗੁਰ ਪੁਰਖੁ ਹਰਿ ਧਿਆਇਦਾ ਸਤਸੰਗਤਿ ਸਤਿਗੁਰ ਭਾਇ॥		Sathigur Purakh Har Dhhiaaeidhaa Sathasangath Sathigur Bhaae ||	The True Guru meditates on the Lord, the Primal Being. The Sat Sangat, the True Congregation, loves the True Guru.	ਗੁਰੂ ਮਹਾਪੁਰਖ ਸਾਧ ਸੰਗਤ ਵਿਚ ਗੁਰੂ ਦੇ ਪਿਆਰ ਵਿਚ ਟਿਕ ਕੇ ਪਰਮਾਤਮਾ ਦਾ ਸਿਮਰਨ ਕਰਦਾ ਰਹਿੰਦਾ ਹੈ।
60361	1424	ਸਤਸੰਗਤਿ ਸਤਿਗੁਰ ਸੇਵਦੇ ਹਰਿ ਮੇਲੇ ਗੁਰੁ ਮੇਲਾਇ॥		Sathasangath Sathigur Saevadhae Har Maelae Gur Maelaae ||	Those who join the Sat Sangat, and serve the True Guru - the Guru unites them in the Lord's Union.	(ਜਿਹੜੇ ਮਨੁੱਖ) ਸਾਧ ਸੰਗਤ ਵਿਚ ਆ ਕੇ ਗੁਰੂ ਦੀ ਸਰਨ ਪੈਂਦੇ ਹਨ, ਗੁਰੂ ਉਹਨਾਂ ਨੂੰ ਪਰਮਾਤਮਾ ਵਿਚ ਜੋੜ ਦੇਂਦਾ ਹੈ ਪਰਮਾਤਮਾ ਨਾਲ ਮਿਲਾ ਦੇਂਦਾ ਹੈ।
60362	1424	ਏਹੁ ਭਉਜਲੁ ਜਗਤੁ ਸੰਸਾਰੁ ਹੈ ਗੁਰੁ ਬੋਹਿਥੁ ਨਾਮਿ ਤਰਾਇ॥	ਜੱਗਤੁ	Eaehu Bhoujal Jagath Sansaar Hai Gur Bohithh Naam Tharaae ||	This world, this universe, is a terrifying ocean. On the Boat of the Naam, the Name of the Lord, the Guru carries us across.	(ਉ ੰਵ ਤਾਂ) ਇਹ ਜਗਤ ਇਹ ਸੰਸਾਰ ਇਕ ਭਿਆਨਕ ਸਮੁੰਦਰ ਹੈ, ਪਰ ਗੁਰੂ-ਜਹਾਜ਼ (ਸਰਨ ਆਏ ਜੀਵਾਂ ਨੂੰ) ਹਰਿ-ਨਾਮ ਵਿਚ (ਜੋੜ ਕੇ ਇਸ ਸਮੁੰਦਰ ਤੋਂ) ਪਾਰ ਲੰਘਾ ਦੇਂਦਾ ਹੈ।
60363	1424	ਗੁਰਸਿਖੀ ਭਾਣਾ ਮੰਨਿਆ ਗੁਰੁ ਪੂਰਾ ਪਾਰਿ ਲੰਘਾਇ॥	ਗੁਰਸਿੱਖੀ ਕਮਾਉਣ ਦੇ ਸਾਰੇ ਗੁਣ, ਭਾਣਾ ਮੰਨਿਆ	Gurasikhee Bhaanaa Manniaa Gur Pooraa Paar Langhaae ||	The Sikhs of the Guru accept and obey the Lord's Will; the Perfect Guru carries them across.	(ਜਿਨ੍ਹਾਂ) ਗੁਰਸਿੱਖਾਂ ਨੇ (ਗੁਰੂ ਦਾ) ਹੁਕਮ ਮੰਨ ਲਿਆ, ਪੂਰਾ ਗੁਰੂ (ਉਹਨਾਂ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾਂਦਾ ਹੈ।

60364	1424	ਗੁਰਸਿਖਾਂ ਕੀ ਹਰਿ ਧੂੜਿ ਦੇਹਿ ਹਮ ਪਾਪੀ ਭੀ ਗਤਿ ਪਾਂਹਿ॥		Gurasikhaan Kee Har Dhoorr Dhaehi Ham Paapee Bhee Gath Paanhi ||	O Lord, please bless me with the dust of the feet of the Guru's Sikhs. I am a sinner - please save me.	ਹੇ ਹਰੀ! ਅਸਾਂ ਜੀਵਾਂ ਨੂੰ ਗੁਰਸਿੱਖਾਂ ਦੇ ਚਰਨਾਂ ਦੀ ਧੂੜ ਬਖ਼ਸ਼, ਤਾ ਕਿ ਅਸੀਂ ਵਿਕਾਰੀ ਜੀਵ ਭੀ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਸਕੀਏ।
60365	1424	ਧੁਰਿ ਮਸਤਕਿ ਹਰਿ ਪ੍ਰਭ ਲਿਖਿਆ ਗੁਰ ਨਾਨਕ ਮਿਲਿਆ ਆਇ॥		Dhhur Masathak Har Prabh Likhiaa Gur Naanak Miliaa Aae ||	Those who have such pre-ordained destiny written upon their foreheads by the Lord God, come to meet Guru Nanak.	ਹੇ ਨਾਨਕ! ਧੁਰ ਦਰਗਾਹ ਤੋਂ ਹਰੀ-ਪ੍ਰਭੂ ਦਾ ਲਿਖਿਆ ਲੇਖ (ਜਿਸ ਮਨੁੱਖ ਦੇ) ਮੱਥੇ ਉੱਤੇ ਉੱਘੜ ਪੈਂਦਾ ਹੈ ਉਹ ਮਨੁੱਖ ਗੁਰੂ ਨੂੰ ਆ ਮਿਲਦਾ ਹੈ।
60366	1424	ਜਮਕੰਕਰ ਮਾਰਿ ਬਿਦਾਰਿਅਨੁ ਹਰਿ ਦਰਗਹ ਲਏ ਛਡਾਇ॥		Jamakankar Maar Bidhaarian Har Dharageh Leae Shhaddaae ||	The Messenger of Death is beaten and driven away; we are saved in the Court of the Lord.	ਉਸ (ਗੁਰੂ) ਨੇ (ਸਾਰੇ) ਜਮਦੂਤ ਮਾਰ ਕੇ ਮੁਕਾ ਦਿੱਤੇ। (ਗੁਰੂ ਉਸ ਨੂੰ) ਪਰਮਾਤਮਾ ਦੀ ਦਰਗਾਹ ਵਿਚ ਸੁਰਖ਼ਰੂ ਕਰਾ ਲੈਂਦਾ ਹੈ।
60367	1424	ਗੁਰਸਿਖਾ ਨੋ ਸਾਬਾਸਿ ਹੈ ਹਰਿ ਤੁਠਾ ਮੇਲਿ ਮਿਲਾਇ॥੨੭॥	ਤੁੱਠਾ	Gurasikhaa No Saabaas Hai Har Thuthaa Mael Milaae ||27||	Blessed and celebrated are the Sikhs of the Guru; in His Pleasure, the Lord unites them in His Union. ||27||	ਗੁਰਸਿੱਖਾਂ ਨੂੰ (ਲੋਕ ਪਰਲੋਕ ਵਿਚ) ਆਦਰ-ਸਤਕਾਰ ਮਿਲਦਾ ਹੈ, ਪ੍ਰਭੂ ਉਹਨਾਂ ਉਤੇ ਪ੍ਰਸੰਨ ਹੋ ਕੇ (ਉਹਨਾਂ ਨੂੰ ਆਪਣੇ ਨਾਲ) ਮਿਲਾ ਲੈਂਦਾ ਹੈ ॥੨੭॥

60368	1424	ਗੁਰਿ ਪੂਰੈ ਹਰਿ ਨਾਮੁ ਦਿੜਾਇਆ ਜਿਨਿ ਵਿਚਹੁ ਭਰਮੁ ਚੁਕਾਇਆ॥		Gur Poorai Har Naam Dhirraaeiaa Jin Vichahu Bharam Chukaaeiaa ||	The Perfect Guru has implanted the Lord's Name within me; it has dispelled my doubts from within.	(ਜਿਸ) ਪੂਰੇ ਗੁਰੂ ਨੇ (ਜੀਵ ਦੇ ਅੰਦਰ ਸਦਾ) ਪਰਮਾਤਮਾ ਦਾ ਨਾਮ ਪੱਕਾ ਕੀਤਾ ਹੈ, ਜਿਸ (ਪੂਰੇ ਗੁਰੂ) ਨੇ (ਜੀਵ ਦੇ) ਅੰਦਰੋਂ ਭਟਕਣਾ (ਸਦਾ) ਮੁਕਾਈ ਹੈ,
60369	1424	ਰਾਮ ਨਾਮੁ ਹਰਿ ਕੀਰਤਿ ਗਾਇ ਕਰਿ ਚਾਨਣੁ ਮਗੁ ਦੇਖਾਇਆ॥	ਮੱਗੁ	Raam Naam Har Keerath Gaae Kar Chaanan Mag Dhaekhaaeiaa ||	Singing the Kirtan of the Praises of the Lord's Name, the Lord's path is illuminated and shown to His Sikhs.	(ਉਸ ਗੁਰੂ ਨੇ ਆਪ) ਪਰਮਾਤਮਾ ਦਾ ਨਾਮ (ਸਿਮਰ ਕੇ), ਪਰਮਾਤਮਾ ਦੀ ਸਿਫ਼ਤ-ਸਾਲਾਹ ਗਾ ਗਾ ਕੇ (ਸਰਨ ਆਏ ਮਨੁੱਖ ਦੇ ਹਿਰਦੇ ਵਿਚ ਆਤਮਕ ਜੀਵਨ ਦਾ) ਚਾਨਣ ਪੈਦਾ ਕਰ ਕੇ (ਉਸ ਨੂੰ ਆਤਮਕ ਜੀਵਨ ਦਾ ਸਹੀ) ਰਸਤਾ (ਸਦਾ) ਵਿਖਾਇਆ ਹੈ।
60370	1424	ਹਉਮੈ ਮਾਰਿ ਏਕ ਲਿਵ ਲਾਗੀ ਅੰਤਰਿ ਨਾਮੁ ਵਸਾਇਆ॥		Houmai Maar Eaek Liv Laagee Anthar Naam Vasaaeiaa ||	Conquering my egotism, I remain lovingly attuned to the One Lord; the Naam, the Name of the Lord, dwells within me.	(ਪੂਰੇ ਗੁਰੂ ਦੀ ਰਾਹੀਂ) ਹਉਮੈ ਦੂਰ ਕਰ ਕੇ (ਜਿਸ ਮਨੁੱਖ ਦੇ ਅੰਦਰ) ਇਕ ਪਰਮਾਤਮਾ ਦੀ ਲਗਨ ਲੱਗ ਗਈ, (ਉਸ ਨੇ ਆਪਣੇ) ਹਿਰਦੇ ਵਿਚ ਪਰਮਾਤਮਾ ਦਾ ਨਾਮ ਵਸਾ ਲਿਆ।
60371	1424	ਗੁਰਮਤੀ ਜਮੁ ਜੋਹਿ ਨ ਸਕੈ ਸਚੈ ਨਾਇ ਸਮਾਇਆ॥		Guramathee Jam Johi N Sakai Sachai Naae Samaaeiaa ||	I follow the Guru's Teachings, and so the Messenger of Death cannot even see me; I am immersed in the True Name.	ਗੁਰੂ ਦੀ ਮੱਤ ਉਤੇ ਤੁਰਨ ਦੇ ਕਾਰਨ ਜਮਰਾਜ ਭੀ (ਉਸ ਮਨੁੱਖ ਵੱਲ) ਤੱਕ ਨਹੀਂ ਸਕਦਾ, (ਉਹ ਮਨੁੱਖ) ਸਦਾ-ਥਿਰ ਹਰਿ-ਨਾਮ ਵਿਚ (ਸਦਾ) ਲੀਨ ਰਹਿੰਦਾ ਹੈ।

60372	1424	ਸਭੁ ਆਪੇ ਆਪਿ ਵਰਤੈ ਕਰਤਾ ਜੋ ਭਾਵੈ ਸੋ ਨਾਇ ਲਾਇਆ॥		Sabh Aapae Aap Varathai Karathaa Jo Bhaavai So Naae Laaeiaa ||	The Creator Himself is All-pervading; as He pleases, He links us to His Name.	(ਉਸਨੂੰ ਇਹ ਨਿਸ਼ਚਾ ਬਣ ਜਾਂਦਾ ਹੈ ਕਿ) ਹਰ ਥਾਂ ਕਰਤਾਰ ਆਪ ਹੀ ਆਪ ਮੌਜੂਦ ਹੈ, ਜਿਹੜਾ ਮਨੁੱਖ ਉਸ ਨੂੰ ਚੰਗਾ ਲੱਗ ਪੈਂਦਾ ਹੈ ਉਸ ਨੂੰ ਆਪਣੇ ਨਾਮ ਵਿਚ ਜੋੜ ਲੈਂਦਾ ਹੈ।
60373	1424	ਜਨ ਨਾਨਕੁ ਨਾਉ ਲਏ ਤਾਂ ਜੀਵੈ ਬਿਨੁ ਨਾਵੈ ਖਿਨੁ ਮਰਿ ਜਾਇਆ॥੨੮॥		Jan Naanak Naao Leae Thaan Jeevai Bin Naavai Khin Mar Jaaeiaa ||28||	Servant Nanak lives, chanting the Name. Without the Name, he dies in an instant. ||28||	ਦਾਸ ਨਾਨਕ (ਭੀ ਜਦੋਂ ਪਰਮਾਤਮਾ ਦਾ) ਨਾਮ ਜਪਦਾ ਹੈ ਤਦੋਂ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ। ਭਾਈ! ਪਰਮਾਤਮਾ ਦੇ ਨਾਮ ਤੋਂ ਬਿਨਾ ਤਾਂ ਜੀਵ ਇਕ ਖਿਨ ਵਿਚ ਹੀ ਆਤਮਕ ਮੌਤ ਸਹੇੜ ਲੈਂਦਾ ਹੈ ॥੨੮॥
60374	1424	ਮਨ ਅੰਤਰਿ ਹਉਮੈ ਰੋਗੁ ਭ੍ਰਮਿ ਭੂਲੇ ਹਉਮੈ ਸਾਕਤ ਦੁਰਜਨਾ॥	ਭੂੱਲੇ	Man Anthar Houmai Rog Bhram Bhoolae Houmai Saakath Dhurajanaa ||	Within the minds of the faithless cynics is the disease of egotism; these evil people wander around lost, deluded by doubt.	ਪਰਮਾਤਮਾ ਨਾਲੋਂ ਟੁੱਟੇ ਹੋਏ ਦੁਰਾਚਾਰੀ ਮਨੁੱਖਾਂ ਦੇ ਮਨ ਵਿਚ ਹਉਮੈ ਦਾ ਰੋਗ (ਸਦਾ ਟਿਕਿਆ ਰਹਿੰਦਾ ਹੈ), ਇਸ ਹਉਮੈ ਦੇ ਕਾਰਨ ਭਟਕਣਾ ਵਿਚ ਪੈ ਕੇ ਉਹ (ਜੀਵਨ ਦੇ) ਗ਼ਲਤ ਰਸਤੇ ਪਏ ਰਹਿੰਦੇ ਹਨ।
60375	1424	ਨਾਨਕ ਰੋਗੁ ਗਵਾਇ ਮਿਲਿ ਸਤਿਗੁਰ ਸਾਧੂ ਸਜਣਾ॥੨੯॥		Naanak Rog Gavaae Mil Sathigur Saadhhoo Sajanaa ||29||	O Nanak, this disease is eradicated only by meeting with the True Guru, the Holy Friend. ||29||	ਹੇ ਨਾਨਕ! (ਸਾਕਤ ਮਨੁੱਖ ਭੀ) ਸੱਜਣ ਸਾਧੂ ਸਤਿਗੁਰੂ ਨੂੰ ਮਿਲ ਕੇ (ਹਉਮੈ ਦਾ ਇਹ) ਰੋਗ ਦੂਰ ਕਰ ਲੈਂਦਾ ਹੈ ॥੨੯॥

60376	1424	ਗੁਰਮਤੀ ਹਰਿ ਹਰਿ ਬੋਲੇ॥	ਬੋੱਲੇ	Guramathee Har Har Bolae ||	Following the Guru's Teachings, chant the Name of the Lord, Har, Har.	(ਜਿਹੜੀ ਜੀਵ-ਇਸਤ੍ਰੀ) ਗੁਰੂ ਦੀ ਮੱਤ ਉੱਤੇ ਤੁਰ ਕੇ (ਸਦਾ) ਪਰਮਾਤਮਾ ਦਾ ਨਾਮ ਜਪਦੀ ਰਹਿੰਦੀ ਹੈ,
60377	1424	ਹਰਿ ਪ੍ਰੇਮਿ ਕਸਾਈ ਦਿਨਸੁ ਰਾਤਿ ਹਰਿ ਰਤੀ ਹਰਿ ਰੰਗਿ ਚੋਲੇ॥	ਸ੍ਰੀਰ ਰੂਪੀ ਚੋਲ਼ੇ।ਚੋਲੇ: ਪੋਲਾ ਬੋਲੋ	Har Praem Kasaaee Dhinas Raath Har Rathee Har Rang Cholae ||	Attracted by the Lord's Love, day and night, the body-robe is imbued with the Lord's Love.	ਉਹ ਦਿਨ ਰਾਤ ਪਰਮਾਤਮਾ ਦੇ ਪਿਆਰ ਵਿਚ ਖਿੱਚ ਪਾਂਦੀ ਰਹਿੰਦੀ ਹੈ, ਪਰਮਾਤਮਾ (ਦੇ ਨਾਮ) ਵਿਚ ਰੱਤੀ ਰਹਿੰਦੀ ਹੈ, ਉਹ ਪਰਮਾਤਮਾ ਦੇ (ਪ੍ਰੇਮ-) ਰੰਗ ਵਿਚ (ਆਤਮਕ ਆਨੰਦ) ਮਾਣਦੀ ਰਹਿੰਦੀ ਹੈ।
60378	1424	ਹਰਿ ਜੈਸਾ ਪੁਰਖੁ ਨ ਲਭਈ ਸਭੁ ਦੇਖਿਆ ਜਗਤੁ ਮੈ ਟੋਲੇ॥	ਲੱ-ਭਈ ।ਜੱਗਤੁ।ਟੋੱਲੇ	Har Jaisaa Purakh N Labhee Sabh Dhaekhiaa Jagath Mai Ttolae ||	I have not found any being like the Lord, although I have searched and looked all over the world.	ਮੈਂ ਸਾਰਾ ਸੰਸਾਰ ਭਾਲ ਕੇ ਵੇਖ ਲਿਆ ਹੈ, ਪਰਮਾਤਮਾ ਵਰਗਾ ਖਸਮ (ਕਿਸੇ ਹੋਰ ਥਾਂ) ਨਹੀਂ ਲੱਭਦਾ।
60379	1424	ਗੁਰ ਸਤਿਗੁਰਿ ਨਾਮੁ ਦਿੜਾਇਆ ਮਨੁ ਅਨਤ ਨ ਕਾਹੂ ਡੋਲੇ॥	ਡੋੱਲੇ	Gur Sathigur Naam Dhirraaeiaa Man Anath N Kaahoo Ddolae ||	The Guru, the True Guru, has implanted the Naam within; now, my mind does not waver or wander anywhere else.	ਗੁਰੂ ਸਤਿਗੁਰੂ ਨੇ (ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ) ਨਾਮ ਪੱਕਾ ਕਰ ਦਿੱਤਾ, (ਉਸ ਦਾ) ਮਨ ਕਿਸੇ ਭੀ ਹੋਰ ਪਾਸੇ ਨਹੀਂ ਡੋਲਦਾ।
60380	1424	ਜਨ ਨਾਨਕੁ ਹਰਿ ਕਾ ਦਾਸੁ ਹੈ ਗੁਰ ਸਤਿਗੁਰ ਕੇ ਗੁਲ ਗੋਲੇ॥੩੦॥	ਗੋੱਲੇ	Jan Naanak Har Kaa Dhaas Hai Gur Sathigur Kae Gul Golae ||30||	Servant Nanak is the slave of the Lord, the slave of the slaves of the Guru, the True Guru. ||30||	ਦਾਸ ਨਾਨਕ (ਭੀ) ਪਰਮਾਤਮਾ ਦਾ ਦਾਸ ਹੈ, ਗੁਰੂ ਸਤਿਗੁਰੂ ਦੇ ਦਾਸਾਂ ਦੇ ਦਾਸਾਂ ਦਾ ਦਾਸ ਹੈ ॥੩੦॥

60381	1425	ਸਲੋਕ ਮਹਲਾ ੫		Salok Mehalaa 5	Shalok, Fifth Mehl:	ਗੁਰੂ ਅਰਜਨਦੇਵ ਜੀ ਦੇ ਸਲੋਕ।
60382	1425	ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
60383	1425	ਰਤੇ ਸੇਈ ਜਿ ਮੁਖੁ ਨ ਮੋੜੰਨਿ ਜਿਨ੍ਹੀ ਸਿਞਾਤਾ ਸਾਈ॥	ਰੱਤੇ। ਸਾਂਈਂ	Rathae Saeee J Mukh N Morrannih Jinhee Sinjaathaa Saaee ||	They alone are imbued with the Lord, who do not turn their faces away from Him - they realize Him.	ਉਹ ਮਨੁੱਖ ਹੀ (ਪ੍ਰੇਮ ਰੰਗ ਵਿਚ) ਰੰਗੇ ਹੋਏ ਹਨ, ਜਿਹੜੇ (ਖਸਮ-ਪ੍ਰਭੂ ਦੀ ਯਾਦ ਵਲੋਂ ਕਦੇ ਭੀ) ਮੂੰਹ ਨਹੀਂ ਮੋੜਦੇ (ਕਦੇ ਭੀ ਪ੍ਰਭੂ ਦੀ ਯਾਦ ਨਹੀਂ ਭੁਲਾਂਦੇ), ਜਿਨ੍ਹਾਂ ਨੇ ਖਸਮ-ਪ੍ਰਭੂ ਨਾਲ ਡੂੰਘੀ ਸਾਂਝ ਪਾਈ ਹੋਈ ਹੈ।
60384	1425	ਝੜਿ ਝੜਿ ਪਵਦੇ ਕਚੇ ਬਿਰਹੀ ਜਿਨ੍ਹਾ ਕਾਰਿ ਨ ਆਈ॥੧॥		Jharr Jharr Pavadhae Kachae Birehee Jinhaa Kaar N Aaee ||1||	The false, immature lovers do not know the way of love, and so they fall. ||1||	ਪਰ ਜਿਨ੍ਹਾਂ ਨੂੰ (ਪ੍ਰੇਮ ਦੀ ਦਵਾਈ) ਮੁਆਫ਼ਿਕ ਨਹੀਂ ਬੈਠਦੀ (ਠੀਕ ਅਸਰ ਨਹੀਂ ਕਰਦੀ,) ਉਹ ਕਮਜ਼ੋਰ ਪ੍ਰੇਮ ਵਾਲੇ ਮਨੁੱਖ (ਪ੍ਰਭੂ ਚਰਨਾਂ ਨਾਲੋਂ ਇਉਂ) ਮੁੜ ਮੁੜ ਟੁੱਟਦੇ ਹਨ (ਜਿਵੇਂ ਕਮਜ਼ੋਰ ਕੱਚੇ ਫਲ ਟਾਹਣੀ ਨਾਲੋਂ) ॥੧॥
60385	1425	ਧਣੀ ਵਿਹੂਣਾ ਪਾਟ ਪਟੰਬਰ ਭਾਹੀ ਸੇਤੀ ਜਾਲੇ॥	ਜੱਾਲੇ	Dhhanee Vihoonaa Paatt Pattanbar Bhaahee Saethee Jaalae ||	Without my Master, I will burn my silk and satin clothes in the fire.	(ਹੇ ਭਾਈ!) (ਮੈਂ ਤਾਂ ਉਹ) ਰੇਸ਼ਮੀ ਕਪੜੇ (ਭੀ) ਅੱਗ ਨਾਲ ਸਾੜ ਦਿੱਤੇ ਹਨ (ਜਿਨ੍ਹਾਂ ਦੇ ਕਾਰਨ ਜੀਵਨ) ਖਸਮ-ਪ੍ਰਭੂ (ਦੀ ਯਾਦ) ਤੋਂ ਵਾਂਜਿਆ ਹੀ ਰਹੇ।

60386	1425	ਧੂੜੀ ਵਿਚਿ ਲੁਡੰਦੜੀ ਸੋਹਾਂ ਨਾਨਕ ਤੈ ਸਹ ਨਾਲੇ॥੨॥	ਲੁ-ਡੰਦੜੀ, ਨੱਾਲੇ	Dhhoorree Vich Luddandharree Sohaan Naanak Thai Seh Naalae ||2||	Even rolling in the dust, I look beautiful, O Nanak, if my Husband Lord is with me. ||2||	ਨਾਨਕ ਆਖਦਾ ਹੈ, ਹੇ ਖਸਮ-ਪ੍ਰਭੂ! ਤੇਰੇ ਨਾਲ (ਤੇਰੇ ਚਰਨਾਂ ਵਿਚ ਰਹਿ ਕੇ) ਮੈਂ ਘੱਟੇ-ਮਿੱਟੀ ਵਿਚ ਲਿਬੜੀ ਹੋਈ ਭੀ ਸੋਹਣੀ ਲੱਗਦੀ ਹਾਂ ॥੨॥
60387	1425	ਗੁਰ ਕੈ ਸਬਦਿ ਅਰਾਧੀਐ ਨਾਮਿ ਰੰਗਿ ਬੈਰਾਗੁ॥		Gur Kai Sabadh Araadhheeai Naam Rang Bairaag ||	Through the Word of the Guru's Shabad, I worship and adore the Naam, with love and balanced detachment.	ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ। (ਪ੍ਰਭੂ ਦੇ) ਨਾਮ ਦੀ ਬਰਕਤਿ ਨਾਲ, (ਪ੍ਰਭੂ ਦੇ ਪ੍ਰੇਮ-) ਰੰਗ ਦੀ ਬਰਕਤਿ ਨਾਲ (ਮਨ ਵਿਚ ਵਿਕਾਰਾਂ ਵਲੋਂ) ਉਪਰਾਮਤਾ (ਪੈਦਾ ਹੋ ਜਾਂਦੀ ਹੈ),
60388	1425	ਜੀਤੇ ਪੰਚ ਬੈਰਾਈਆ ਨਾਨਕ ਸਫਲ ਮਾਰੂ ਇਹੁ ਰਾਗੁ॥੩॥		Jeethae Panch Bairaaeeaa Naanak Safal Maaroo Eihu Raag ||3||	When the five enemies are overcome, O Nanak, this musical measure of Raga Maaroo becomes frtuiful. ||3||	(ਕਾਮਾਦਿਕ) ਪੰ ਜੇ ਵੈਰੀ ਵੱਸ ਵਿਚ ਆ ਜਾਂਦੇ ਹਨ। ਹੇ ਨਾਨਕ! ਇਹ ਪ੍ਰੇਮ-ਹੁਲਾਰਾ (ਵਿਕਾਰ-ਰੋਗਾਂ ਨੂੰ) ਮਾਰ-ਮੁਕਾਣ ਵਾਲੀ ਕਾਰੀ ਦਵਾਈ ਹੈ ॥੩॥
60389	1425	ਜਾਂ ਮੂੰ ਇਕੁ ਤ ਲਖ ਤਉ ਜਿਤੀ ਪਿਨਣੇ ਦਰਿ ਕਿਤੜੇ॥	ਲੱਖ। ਜਿਤੀ: ਪੋਲਾ ਬੋਲੋ	Jaan Moon Eik Th Lakh Tho Jithee Pinanae Dhar Kitharrae ||	When I have the One Lord, I have tens of thousands. Otherwise, people like me beg from door to door.	ਹੇ ਪ੍ਰਭੂ! ਜਦੋਂ ਇਕ ਤੂੰ ਮੇਰੇ ਵੱਲ ਹੈਂ, ਤਦੋਂ (ਤੇਰੇ ਪੈਦਾ ਕੀਤੇ ਲੱਖਾਂ ਹੀ (ਜੀਵ ਮੇਰੇ ਵੱਲ ਹੋ ਜਾਂਦੇ ਹਨ)। (ਇਹ) ਤੇਰੀ ਜਿਤਨੀ ਭੀ (ਪੈਦਾ ਕੀਤੀ ਹੋਈ ਸ੍ਰਿਸ਼ਟੀ ਹੈ, ਤੇਰੇ) ਦਰ ਤੇ (ਇਹ ਸਾਰੇ) ਅਨੇਕਾਂ ਹੀ ਮੰਗਤੇ ਹਨ।

60390	1425	ਬਾਮਣੁ ਬਿਰਥਾ ਗਇਓ ਜਨੰਮੁ ਜਿਨਿ ਕੀਤੋ ਸੋ ਵਿਸਰੇ॥੪॥		Baaman Birathhaa Gaeiou Jananm Jin Keetho So Visarae ||4||	O Brahmin, your life has passed away uselessly; you have forgotten the One who created you. ||4||	ਜਿਸ ਪਰਮਾਤਮਾ ਨੇ ਪੈਦਾ ਕੀਤਾ ਹੈ, ਜੇ ਉਹ ਭੁੱਲਿਆ ਰਹੇ, ਤਾਂ (ਸਭ ਤੋਂ ਉੱਚਾ ਸਮਝਿਆ ਜਾਣ ਵਾਲਾ) ਬ੍ਰਾਹਮਣ (ਦੇ ਘਰ ਦਾ) ਜਨਮ (ਭੀ) ਵਿਅਰਥ ਚਲਾ ਗਿਆ ॥੪॥
60391	1425	ਸੋਰਠਿ ਸੋ ਰਸੁ ਪੀਜੀਐ ਕਬਹੂ ਨ ਫੀਕਾ ਹੋਇ॥		Sorath So Ras Peejeeai Kabehoo N Feekaa Hoe ||	In Raga Sorat'h, drink in this sublime essence, which never loses its taste.	ਉਹ (ਹਰਿ-ਨਾਮ-) ਰਸ ਪੀਂਦੇ ਰਹਿਣਾ ਚਾਹੀਦਾ ਹੈ, ਜੋ ਕਦੇ ਭੀ ਬੇ-ਸੁਆਦਾ ਨਹੀਂ ਹੁੰਦਾ।
60392	1425	ਨਾਨਕ ਰਾਮ ਨਾਮ ਗੁਨ ਗਾਈਅਹਿ ਦਰਗਹ ਨਿਰਮਲ ਸੋਇ॥੫॥	ਗਾਈ-ਅਹਿ	Naanak Raam Naam Gun Gaaeeahi Dharageh Niramal Soe ||5||	O Nanak, singing the Glorious Praises of the Lord's Name, one's reputation is immaculate in the Court of the Lord. ||5||	ਹੇ ਨਾਨਕ! ਪਰਮਾਤਮਾ ਦੇ ਨਾਮ ਦੇ ਗੁਣ (ਸਦਾ) ਗਾਏ ਜਾਣੇ ਚਾਹੀਦੇ ਹਨ (ਇਸ ਤਰ੍ਹਾਂ ਪਰਮਾਤਮਾ ਦੀ) ਹਜ਼ੂਰੀ ਵਿਚ ਬੇ-ਦਾਗ਼ ਸੋਭਾ (ਮਿਲਦੀ ਹੈ) ॥੫॥
60393	1425	ਜੋ ਪ੍ਰਭਿ ਰਖੇ ਆਪਿ ਤਿਨ ਕੋਇ ਨ ਮਾਰਈ॥	ਮਾ-ਰਈ	Jo Prabh Rakhae Aap Thin Koe N Maaree ||	No one can kill those whom God Himself protects.	ਜਿਨ੍ਹਾਂ (ਮਨੁੱਖਾਂ) ਦੀ ਪ੍ਰਭੂ ਨੇ ਆਪ ਰੱਖਿਆ ਕੀਤੀ, ਉਹਨਾਂ ਨੂੰ ਕੋਈ ਮਾਰ ਨਹੀਂ ਸਕਦਾ।
60394	1425	ਅੰਦਰਿ ਨਾਮੁ ਨਿਧਾਨੁ ਸਦਾ ਗੁਣ ਸਾਰਈ॥	ਸਾ-ਰਈ	Andhar Naam Nidhhaan Sadhaa Gun Saaree ||	The treasure of the Naam, the Name of the Lord, is within them. They cherish His Glorious Virtues forever.	(ਜਿਸ ਮਨੁੱਖ ਦੇ) ਹਿਰਦੇ ਵਿਚ ਪਰਮਾਤਮਾ ਦਾ ਨਾਮ ਖ਼ਜ਼ਾਨਾ ਵੱਸ ਰਿਹਾ ਹੈ, ਉਹ ਸਦਾ ਪਰਮਾਤਮਾ ਦੇ ਗੁਣ ਚੇਤੇ ਕਰਦਾ ਰਹਿੰਦਾ ਹੈ।

60395	1425	ਏਕਾ ਟੇਕ ਅਗੰਮ ਮਨਿ ਤਨਿ ਪ੍ਰਭੁ ਧਾਰਈ॥	ਧਾ-ਰਈ	Eaekaa Ttaek Aganm Man Than Prabh Dhhaaree ||	They take the Support of the One, the Inaccessible Lord; they enshrine God in their mind and body.	ਜਿਸ ਨੂੰ ਇਕ ਅਪਹੁੰਚ ਪ੍ਰਭੂ ਦਾ (ਸਦਾ) ਆਸਰਾ ਹੈ, ਉਹ ਆਪਣੇ ਮਨ ਵਿਚ ਤਨ ਵਿਚ ਪ੍ਰਭੂ ਨੂੰ ਵਸਾਈ ਰੱਖਦਾ ਹੈ।
60396	1425	ਲਗਾ ਰੰਗੁ ਅਪਾਰੁ ਕੋ ਨ ਉਤਾਰਈ॥	ਉਤਾ-ਰਈ	Lagaa Rang Apaar Ko N Outhaaree ||	They are imbued with the Love of the Infinite Lord, and no one can wipe it away.	(ਜਿਸ ਦੇ ਹਿਰਦੇ ਵਿਚ) ਕਦੇ ਨਾਹ ਮੁੱਕਣ ਵਾਲਾ ਪ੍ਰਭੂ-ਪ੍ਰੇਮ ਬਣ ਜਾਂਦਾ ਹੈ, ਉਸ ਪ੍ਰੇਮ-ਰੰਗ ਨੂੰ ਕੋਈ ਉਤਾਰ ਨਹੀਂ ਸਕਦਾ।
60397	1425	ਗੁਰਮੁਖਿ ਹਰਿ ਗੁਣ ਗਾਇ ਸਹਜਿ ਸੁਖੁ ਸਾਰਈ॥	ਸਾ-ਰਈ	Guramukh Har Gun Gaae Sehaj Sukh Saaree ||	The Gurmukhs sing the Glorious Praises of the Lord; they obtain the most excellent celestial peace and poise.	ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਅਤੇ ਆਤਮਕ ਅਡੋਲਤਾ ਵਿਚ (ਟਿਕ ਕੇ ਆਤਮਕ) ਅਨੰਦ ਮਾਣਦਾ ਰਹਿੰਦਾ ਹੈ।
60398	1425	ਨਾਨਕ ਨਾਮੁ ਨਿਧਾਨੁ ਰਿਦੈ ਉਰਿ ਹਾਰਈ॥੬॥	ਹਾ-ਰਈ	Naanak Naam Nidhhaan Ridhai Our Haaree ||6||	O Nanak, they enshrine the treasure of the Naam in their hearts. ||6||	ਹੇ ਨਾਨਕ! (ਗੁਰੂ ਨੇ ਸਨਮੁਖ ਰਹਿਣ ਵਾਲਾ ਮਨੁੱਖ) ਪਰਮਾਤਮਾ ਦਾ ਨਾਮ-ਖ਼ਜ਼ਾਨਾ ਆਪਣੇ ਹਿਰਦੇ ਵਿਚ (ਇਉਂ) ਟਿਕਾਈ ਰੱਖਦਾ ਹੈ (ਜਿਵੇਂ ਹਾਰ ਗਲ ਵਿਚ ਪਾ ਰੱਖੀਦਾ ਹੈ) ॥੬॥
60399	1425	ਕਰੇ ਸੁ ਚੰਗਾ ਮਾਨਿ ਦੁਯੀ ਗਣਤ ਲਾਹਿ॥	ਆਪਣੇ ਆਪ ਨੂੰ (ਗਣਤ) ਜਨਾਉਣ ਰੂਪ (ਦੁਯੀ) ਦੂਸਰੀ, (ਲਾਹਿ) ਮੇਟ ਦੇ।ਦੁ-ਯੀ: ਯੀ ਤਾਲੂ ਤੋਂ ਬੋਲੋ	Karae S Changaa Maan Dhuyee Ganath Laahi ||	Whatever God does, accept that as good; leave behind all other judgements.	(ਜਿਹੜਾ ਕੰਮ ਪਰਮਾਤਮਾ) ਕਰਦਾ ਹੈ, ਉਸ (ਕੰਮ) ਨੂੰ ਚੰਗਾ ਸਮਝ, (ਅਤੇ ਆਪਣੇ ਅੰਦਰੋਂ) ਹੋਰ ਹੋਰ ਚਿੰਤਾ-ਫ਼ਿਕਰ ਦੂਰ ਕਰ।

60400	1425	ਅਪਣੀ ਨਦਰਿ ਨਿਹਾਲਿ ਆਪੇ ਲੈਹੁ ਲਾਇ॥		Apanee Nadhar Nihaal Aapae Laihu Laae ||	He shall cast His Glance of Grace, and attach you to Himself.	ਹੇ ਪ੍ਰਭੂ! ਤੂੰ ਆਪਣੀ ਮਿਹਰ ਦੀ ਨਿਗਾਹ ਨਾਲ ਤੱਕ, ਆਪ ਹੀ (ਆਪਣੇ ਸੇਵਕ ਨੂੰ ਆਪਣੇ ਚਰਨਾਂ ਵਿਚ) ਜੋੜੀ ਰੱਖ।
60401	1425	ਜਨ ਦੇਹੁ ਮਤੀ ਉਪਦੇਸੁ ਵਿਚਹੁ ਭਰਮੁ ਜਾਇ॥		Jan Dhaehu Mathee Oupadhaes Vichahu Bharam Jaae ||	Instruct yourself with the Teachings, and doubt will depart from within.	(ਆਪਣੇ) ਸੇਵਕ ਨੂੰ (ਉਹ) ਅਕਲ ਦੇਹ (ਉਹ) ਸਿੱਖਿਆ ਦੇਹ (ਜਿਸ ਦੀ ਰਾਹੀਂ ਇਸ ਦੇ) ਅੰਦਰੋਂ ਭਟਕਣਾ ਦੂਰ ਹੋ ਜਾਏ।
60402	1425	ਜੋ ਧੁਰਿ ਲਿਖਿਆ ਲੇਖੁ ਸੋਈ ਸਭ ਕਮਾਇ॥		Jo Dhhur Likhiaa Laekh Soee Sabh Kamaae ||	Everyone does that which is pre-ordained by destiny.	(ਜੀਵਾਂ ਦੇ ਕੀਤੇ ਕਰਮਾਂ ਅਨੁਸਾਰ) ਧੁਰ ਦਰਗਾਹ ਤੋਂ ਜਿਹੜਾ ਲੇਖ (ਇਹਨਾਂ ਦੇ ਮੱਥੇ ਉੱਥੇ) ਲਿਖਿਆ ਜਾਂਦਾ ਹੈ, ਸਾਰੀ ਲੁਕਾਈ (ਉਸ ਲੇਖ ਅਨੁਸਾਰ ਹੀ ਹਰੇਕ) ਕਾਰ ਕਰਦੀ ਹੈ,
60403	1425	ਸਭ ਕਛੁ ਤਿਸ ਦੈ ਵਸਿ ਦੂਜੀ ਨਾਹਿ ਜਾਇ॥		Sabh Kashh This Dhai Vas Dhoojee Naahi Jaae ||	Everything is under His control; there is no other place at all.	(ਕਿਉਂਕਿ) ਹਰੇਕ ਕਾਰ ਉਸ (ਪਰਮਾਤਮਾ) ਦੇ ਵੱਸ ਵਿਚ ਹੈ; (ਉਸ ਤੋਂ ਬਿਨਾ ਜੀਵਾਂ ਵਾਸਤੇ) ਕੋਈ ਹੋਰ ਥਾਂ (ਆਸਰਾ) ਨਹੀਂ ਹੈ।
60404	1425	ਨਾਨਕ ਸੁਖ ਅਨਦ ਭਏ ਪ੍ਰਭ ਕੀ ਮੰਨਿ ਰਜਾਇ॥੭॥		Naanak Sukh Anadh Bheae Prabh Kee Mann Rajaae ||7||	Nanak is in peace and bliss, accepting the Will of God. ||7||	ਹੇ ਨਾਨਕ! ਪਰਮਾਤਮਾ ਦੀ ਰਜ਼ਾ ਨੂੰ ਮੰਨ ਕੇ (ਜੀਵ ਦੇ ਅੰਦਰ ਆਤਮਕ) ਸੁਖ ਆਨੰਦ ਬਣੇ ਰਹਿੰਦੇ ਹਨ ॥੭॥

60405	1425	ਗੁਰੁ ਪੂਰਾ ਜਿਨਿ ਸਿਮਰਿਆ ਸੇਈ ਭਏ ਨਿਹਾਲ॥		Gur Pooraa Jin Simariaa Saeee Bheae Nihaal ||	Those who meditate in remembrance on the Perfect Guru, are exalted and uplifted.	ਜਿਸ ਜਿਸ ਮਨੁੱਖ ਨੇ ਪੂਰੇ ਗੁਰੂ ਨੂੰ (ਗੁਰੂ ਦੇ ਉਪਦੇਸ਼ ਨੂੰ) ਚੇਤੇ ਰੱਖਿਆ, ਉਹ ਸਾਰੇ ਪ੍ਰਸੰਨ-ਚਿੱਤ ਹੋ ਗਏ।
60406	1425	ਨਾਨਕ ਨਾਮੁ ਅਰਾਧਣਾ ਕਾਰਜੁ ਆਵੈ ਰਾਸਿ॥੮॥		Naanak Naam Araadhhanaa Kaaraj Aavai Raas ||8||	O Nanak, dwelling on the Naam, the Name of the Lord, all affairs are resolved. ||8||	ਹੇ ਨਾਨਕ! (ਗੁਰੂ ਦਾ ਉਪਦੇਸ਼ ਇਹ ਹੈ ਕਿ ਪਰਮਾਤਮਾ ਦਾ) ਨਾਮ ਸਿਮਰਨਾ ਚਾਹੀਦਾ ਹੈ (ਸਿਮਰਨ ਦੀ ਬਰਕਤਿ ਨਾਲ) ਜੀਵਨ-ਮਨੋਰਥ ਸਫਲ ਹੋ ਜਾਂਦਾ ਹੈ ॥੮॥
60407	1425	ਪਾਪੀ ਕਰਮ ਕਮਾਵਦੇ ਕਰਦੇ ਹਾਏ ਹਾਇ॥		Paapee Karam Kamaavadhae Karadhae Haaeae Haae ||	The sinners act, and generate bad karma, and then they weep and wail.	ਵਿਕਾਰੀ ਮਨੁੱਖ (ਵਿਕਾਰਾਂ ਦੇ) ਕੰਮ ਕਰਦੇ ਹੋਏ ਦੁਖੀ ਹੁੰਦੇ ਰਹਿੰਦੇ ਹਨ।
60408	1425	ਨਾਨਕ ਜਿਉ ਮਥਨਿ ਮਾਧਾਣੀਆ ਤਿਉ ਮਥੇ ਧ੍ਰਮਰਾਇ॥੯॥	ਮਥਨਿ, ਮਥੇ: ਪੋਲੇ ਬੋਲੋ	Naanak Jio Mathhan Maadhhaaneeaa Thio Mathhae Dhhram Raae ||9||	O Nanak, just as the churning stick churns the butter, so does the Righteous Judge of Dharma churn them. ||9||	ਹੇ ਨਾਨਕ! (ਵਿਕਾਰੀਆਂ ਨੂੰ) ਧਰਮਰਾਜ (ਹਰ ਵੇਲੇ) ਇਉਂ ਦੁਖੀ ਕਰਦਾ ਰਹਿੰਦਾ ਹੈ ਜਿਵੇਂ ਮਧਾਣੀਆਂ (ਦੁੱਧ) ਰਿੜਕਦੀਆਂ ਹਨ ॥੯॥
60409	1425	ਨਾਮੁ ਧਿਆਇਨਿ ਸਾਜਨਾ ਜਨਮ ਪਦਾਰਥੁ ਜੀਤਿ॥		Naam Dhhiaaein Saajanaa Janam Padhaarathh Jeeth ||	Meditating on the Naam, O friend, the treasure of life is won.	ਜਿਹੜੇ ਭਲੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ, ਉਹ ਇਸ ਕੀਮਤੀ ਮਨੁੱਖਾ ਜੀਵਨ ਦੀ ਬਾਜ਼ੀ ਜਿੱਤ ਕੇ (ਜਾਂਦੇ ਹਨ)।

60410	1425	ਨਾਨਕ ਧਰਮ ਐਸੇ ਚਵਹਿ ਕੀਤੋ ਭਵਨੁ ਪੁਨੀਤ॥੧੦॥		Naanak Dhharam Aisae Chavehi Keetho Bhavan Puneeth ||10||	O Nanak, speaking in Righteousness, one's world becomes sanctified. ||10||	ਹੇ ਨਾਨਕ! ਜਿਹੜੇ ਮਨੁੱਖ (ਮਨੁੱਖਾ ਜੀਵਨ ਦਾ) ਮਨੋਰਥ (ਹਰਿ-ਨਾਮ) ਉਚਾਰਦੇ ਰਹਿੰਦੇ ਹਨ, ਉਹ ਜਗਤ ਨੂੰ ਭੀ ਪਵਿੱਤਰ ਕਰ ਦੇਂਦੇ ਹਨ ॥੧੦॥
60411	1425	ਖੁਭੜੀ ਕੁਥਾਇ ਮਿਠੀ ਗਲਣਿ ਕੁਮੰਤ੍ਰੀਆ॥	(ਖੁੱਭੜੀ) ਖੁੱਭ ਰਹੀ ਹੈ ਬ੍ਰਿਤੀ। (ਕੁਥਾਇ) ਖੋਟੀ ਕੁਸੰਗਤ। (ਮਿੱਠੀ) ਮਾਇਆ ਦੀ। (ਗਲਣਿ) ਖੁੱਭਣ ਜਿੱਲ੍ਹਣ।ਕਾਮ ਪਾਪ ਔਗੁਣ (ਕੁ-ਮੰਤ੍ਰੀਆ) ਖੋਟੇ ਮੰਤ੍ਰੀਆਂ ਦੀ ਸਲਾਹ ਕਰਕੇ	Khubharree Kuthhaae Mithee Galan Kumanthreeaa ||	I am stuck in an evil place, trusting the sweet words of an evil advisor.	ਭੈੜੀ ਮੱਤ ਲੈਣ ਵਾਲੀ (ਜੀਵ-ਇਸਤ੍ਰੀ ਮਾਇਆ ਦੇ ਮੋਹ ਦੀ ਜਿਲ੍ਹਣ ਵਿਚ) ਕੋਝੇ ਥਾਂ ਵਿਚ ਬੁਰੇ ਹਾਲੇ ਖੁੱਭੀ ਰਹਿੰਦੀ ਹੈ, (ਪਰ ਇਹ) ਜਿਲ੍ਹਣ (ਉਸ ਨੂੰ) ਮਿੱਠੀ (ਭੀ ਲੱਗਦੀ ਹੈ)।
60412	1425	ਨਾਨਕ ਸੇਈ ਉਬਰੇ ਜਿਨਾ ਭਾਗੁ ਮਥਾਹਿ॥੧੧॥		Naanak Saeee Oubarae Jinaa Bhaag Mathhaahi ||11||	O Nanak, they alone are saved, who have such good destiny inscribed upon their foreheads. ||11||	ਹੇ ਨਾਨਕ! ਉਹ ਮਨੁੱਖ ਹੀ (ਮਾਇਆ ਦੇ ਮੋਹ ਦੀ ਇਸ ਜਿਲ੍ਹਣ ਵਿਚੋਂ) ਬਚ ਨਿਕਲਦੇ ਹਨ, ਜਿਨ੍ਹਾਂ ਦੇ ਮੱਥੇ ਉਤੇ ਭਾਗ (ਜਾਗ ਪੈਂਦਾ ਹੈ) ॥੧੧॥
60413	1425	ਸੁਤੜੇ ਸੁਖੀ ਸਵੰਨ੍ਹਿ ਜੋ ਰਤੇ ਸਹ ਆਪਣੈ॥	ਸੁੱਤੜੇ	Sutharrae Sukhee Savannih Jo Rathae Seh Aapanai ||	They alone sleep and dream in peace, who are imbued with the Love of their Husband Lord.	ਜਿਹੜੇ ਮਨੁੱਖ ਆਪਣੇ ਖਸਮ-ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਰਹਿੰਦੇ ਹਨ, ਪ੍ਰੇਮ-ਲਗਨ ਵਿਚ ਮਸਤ ਰਹਿਣ ਵਾਲੇ ਉਹ ਮਨੁੱਖ ਆਨੰਦ ਨਾਲ ਜੀਵਨ ਬਿਤੀਤ ਕਰਦੇ ਹਨ।

60414	1425	ਪ੍ਰੇਮ ਵਿਛੋਹਾ ਧਣੀ ਸਉ ਅਠੇ ਪਹਰ ਲਵੰਨ੍ਹি॥੧੨॥		Praem Vishhohaa Dhhanee So Athae Pehar Lavannih ||12||	Those who have been separated from the Love of their Master, scream and cry twenty-four hours a day. ||12||	ਪਰ ਜਿਨ੍ਹਾਂ ਮਨੁੱਖਾਂ ਨੂੰ ਖਸਮ ਨਾਲੋਂ ਪ੍ਰੇਮ ਦਾ ਵਿਛੋੜਾ ਰਹਿੰਦਾ ਹੈ, ਉਹ (ਮਾਇਆ ਦੀ ਖ਼ਾਤਰ) ਅੱਠੇ ਪਹਰ (ਕਾਂ ਵਾਂਗ) ਲੈ ਲੈਂ ਕਰਦੇ ਰਹਿੰਦੇ ਹਨ ॥੧੨॥
60415	1425	ਸੁਤੜੇ ਅਸੰਖ ਮਾਇਆ ਝੂਠੀ ਕਾਰਣੇ॥	ਸੁੱਤੜੇ	Sutharrae Asankh Maaeiaa Jhoothee Kaaranae ||	Millions are asleep, in the false illusion of Maya.	ਨਾਸਵੰਤ ਮਾਇਆ ਦੀ ਖ਼ਾਤਰ ਅਣਗਿਣਤ ਜੀਵ (ਮੋਹ ਦੀ ਨੀਂਦ ਵਿਚ) ਸੁੱਤੇ ਰਹਿੰਦੇ ਹਨ।
60416	1425	ਨਾਨਕ ਸੇ ਜਾਗੰਨ੍ਹি ਜਿ ਰਸਨਾ ਨਾਮੁ ਉਚਾਰਣੇ॥੧੩॥	ਉ-ਚਾਰਣੇ	Naanak Sae Jaagannih J Rasanaa Naam Ouchaaranae ||13||	O Nanak, they alone are awake and aware, who chant the Naam with their tongues. ||13||	ਹੇ ਨਾਨਕ! (ਮੋਹ ਦੀ ਇਸ ਨੀਂਦ ਵਿਚੋਂ ਸਿਰਫ਼) ਉਹ ਬੰਦੇ ਜਾਗਦੇ ਰਹਿੰਦੇ ਹਨ, ਜਿਹੜੇ (ਆਪਣੀ) ਜੀਭ ਨਾਲ ਪਰਮਾਤਮਾ ਦਾ ਨਾਮ ਜਪਦੇ ਰਹਿੰਦੇ ਹਨ ॥੧੩॥
60417	1425	ਮ੍ਰਿਗ ਤਿਸਨਾ ਪੇਖਿ ਭੁਲਣੇ ਵੁਠੇ ਨਗਰ ਗੰਧ੍ਰਬ॥	ਭੁੱਲਣੇ,ਵੁੱਠੇ	Mrig Thisanaa Paekh Bhulanae Vuthae Nagar Gandhhrab ||	Seeing the mirage, the optical illusion, the people are confused and deluded.	(ਜਿਵੇਂ) ਠਗਨੀਰੇ ਨੂੰ ਵੇਖ ਕੇ (ਹਰਨ ਭੁੱਲ ਜਾਂਦੇ ਹਨ ਤੇ ਜਾਨ ਗੰਵਾ ਲੈਂਦੇ ਹਨ, ਤਿਵੇਂ ਮਾਇਆ ਦੀ) ਬਣੀ ਗੰਧਰਬ-ਨਗਰੀ ਨੂੰ ਵੇਖ ਕੇ (ਜੀਵ) ਕੁਰਾਹੇ ਪਏ ਰਹਿੰਦੇ ਹਨ।
60418	1425	ਜਿਨੀ ਸਚੁ ਅਰਾਧਿਆ ਨਾਨਕ ਮਨਿ ਤਨਿ ਫਬ॥੧੪॥	ਫੱਬ	Jinee Sach Araadhhiaa Naanak Man Than Fab ||14||	Those who worship and adore the True Lord, O Nanak, their minds and bodies are beautiful. ||14||	ਹੇ ਨਾਨਕ! ਜਿਨ੍ਹਾਂ ਮਨੁੱਖਾਂ ਨੇ ਸਦਾ-ਥਿਰ ਹਰਿ-ਨਾਮ ਸਿਮਰਿਆ, ਉਹਨਾਂ ਦੇ ਮਨ ਵਿਚ ਉਹਨਾਂ ਦੇ ਤਨ ਵਿਚ (ਆਤਮਕ ਜੀਵਨ ਦੀ) ਸੁੰਦਰਤਾ ਪੈਦਾ ਹੋ ਗਈ ॥੧੪॥

60419	1425	ਪਤਿਤ ਉਧਾਰਣ ਪਾਰਬ੍ਰਹਮੁ ਸੰਮ੍ਰਥ ਪੁਰਖੁ ਅਪਾਰੁ॥	ਸੰਮ੍ਰਥ: ਅੱਧੇ ਰਾਰੇ ਅਧਕ ਲਾ	Pathith Oudhhaaran Paarabreham Sanmrathh Purakh Apaar ||	The All-powerful Supreme Lord God, the Infinite Primal Being, is the Saving Grace of sinners.	ਅਕਾਲ ਪੁਰਖ ਪਰਮਾਤਮਾ ਬੇਅੰਤ ਹੈ, ਸਭ ਤਾਕਤਾਂ ਦਾ ਮਾਲਕ ਹੈ, ਵਿਕਾਰੀਆਂ ਨੂੰ ਵਿਕਾਰਾਂ ਤੋਂ ਬਚਾਣ ਵਾਲਾ ਹੈ।
60420	1426	ਜਿਸਹਿ ਉਧਾਰੇ ਨਾਨਕਾ ਸੋ ਸਿਮਰੇ ਸਿਰਜਣਹਾਰੁ॥੧੫॥		Jisehi Oudhhaarae Naanakaa So Simarae Sirajanehaar ||15||	Those whom He saves, meditate in remembrance on the Creator Lord. ||15||	ਹੇ ਨਾਨਕ! ਜਿਸ (ਜੀਵ) ਨੂੰ ਉਹ ਵਿਕਾਰਾਂ ਵਿਚੋਂ ਕੱਢਦਾ ਹੈ, ਉਹ ਉਸ ਸਿਰਜਣਹਾਰ ਕਰਤਾਰ ਨੂੰ ਸਿਮਰਨ ਲੱਗ ਪੈਂਦਾ ਹੈ ॥੧੫॥
60421	1426	ਦੂਜੀ ਛੋਡਿ ਕੁਵਾਟੜੀ ਇਕਸ ਸਉ ਚਿਤੁ ਲਾਇ॥	ਕੁ-ਵੱਾਟੜੀ(ਕੁ) ਖੋਟੇ ਕੰਮਾਂ ਦਾ (ਵਾਟੜੀ) ਰਸਤਾ ਕੁਸੰਗਤ	Dhoojee Shhodd Kuvaattarree Eikas So Chith Laae ||	Forsake duality and the ways of evil; focus your consciousness on the One Lord.	ਸਿਰਫ਼ ਇਕ ਪਰਮਾਤਮਾ ਨਾਲ (ਆਪਣਾ) ਚਿੱਤ ਜੋੜੀ ਰੱਖ, (ਪ੍ਰਭੂ ਦੀ ਯਾਦ ਤੋਂ ਬਿਨਾ) ਮਾਇਆ ਦੇ ਮੋਹ ਵਾਲਾ ਕੋਝਾ ਰਸਤਾ ਛੱਡ ਦੇਹ।
60422	1426	ਦੂਜੈ ਭਾਵੀ ਨਾਨਕਾ ਵਹਣਿ ਲੁੜੰਦੜੀ ਜਾਇ॥੧੬॥	(ਲੁ-ੜੰਦੜੀ) ਰੁੜ੍ਹਦੀ	Dhoojai Bhaavanaee Naanakaa Vehan Lurrhandharree Jaae ||16||	In the love of duality, O Nanak, the mortals are being washed downstream. ||16||	ਹੇ ਨਾਨਕ! ਹੋਰ ਪਿਆਰਾਂ ਵਿਚ (ਫਸਿਆਂ), ਜੀਵ-ਇਸਤ੍ਰੀ (ਵਿਕਾਰਾਂ ਦੇ) ਵਹਣ ਵਿਚ ਰੁੜ੍ਹਦੀ ਜਾਂਦੀ ਹੈ ॥੧੬॥

60423	1426	ਤਿਹਟੜੇ ਬਾਜਾਰ ਸਉਦਾ ਕਰਨਿ ਵਣਜਾਰਿਆ॥	(ਤਿ-ਹੱਟੜੇ) ਤਿੰਨ ਛੱਤਾਂ ਵਾਲੀਆਂ ਬਹੁਤੀਆਂ ਹੱਟਾਂ ਦਾ ਬਾਜਾਰ। ਗੁਰਬਾਣੀ ਕਥਾ ਕੀਰਤਨ ਸਿੱਖਣਾ ਸਿੱਖਾਉਣਾ। ਸਿਮਰਨ ਕਰਨਾ ਕਰਾਉਣਾ। ਗੁਰੂ ਸੇਵਾ ਕਰਨ ਕਰਾਉਣ ਰੂਪ (ਤਿਹੱਟੜੇ) ਬਾਜ਼ਾਰ ਚ, ਸਤਿ ਸੰਤੋਖ ਦਇਆ ਧਰਮ ਨਿਮ੍ਰਤਾ ਸਹਿਨ-ਸ਼ੀਲਤਾ ਗ੍ਰੀਬੀ ਪ੍ਰੇਮ ਵਿਰਾਗ, ਤਿਆਗ, ਨਿਰਅਭਿਮਾਨਤਾ ਖਿਮਾ ਧੀਰਜ ਨਿਰਵੈਰਤਾ ਨਿਰਲੇਪਤਾ ਆਦਿ, ਸ੍ਰਬ ਵਿਆਪੀ ਵਿਸਮਾਦ, ਅਨੰਤ ਸ਼ੁਭ ਗੁਣਾਂ ਦੀਆਂ ਹੱਟਾਂ ਹਨ। (ਵਣਜਾਰਿਆ) ਗੁਰਸੇਵਕ	Thihattarrae Baajaar Soudhaa Karan Vanajaariaa ||	In the markets and bazaars of the three qualities, the merchants make their deals.	(ਜਗਤ ਵਿਚ ਹਰਿ-ਨਾਮ ਦਾ) ਵਣਜ ਕਰਨ ਆਏ ਹੋਏ ਜੀਵ (ਆਮ ਤੌਰ ਤੇ) ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਹੇਠ ਹੀ ਦੁਨੀਆ ਦਾ ਕਾਰ-ਵਿਹਾਰ ਕਰਦੇ ਰਹਿੰਦੇ ਹਨ।
60424	1426	ਸਚੁ ਵਖਰੁ ਜਿਨੀ ਲਦਿਆ ਸੇ ਸਚੜੇ ਪਾਸਾਰ॥੧੭॥	ਵੱਖਰੁ। ਲੱਦਿਆ	Sach Vakhar Jinee Ladhiaa Sae Sacharrae Paasaar ||17||	Those who load the true merchandise are the true traders. ||17||	ਅਸਲ ਵਪਾਰੀ ਉਹ ਹਨ ਜਿਨ੍ਹਾਂ ਨੇ (ਇਥੋਂ) ਸਦਾ-ਥਿਰ ਹਰਿ-ਨਾਮ (ਦਾ) ਸਉਦਾ ਲੱਦਿਆ ਹੈ ॥੧੭॥

60425	1426	ਪੰਥਾ ਪ੍ਰੇਮ ਨ ਜਾਣਈ ਭੂਲੀ ਫਿਰੈ ਗਵਾਰਿ॥		Panthhaa Praem N Jaanee Bhoolee Firai Gavaar ||	Those who do not know the way of love are foolish; they wander lost and confused.	ਜਿਹੜੀ ਜੀਵ-ਇਸਤ੍ਰੀ (ਪਰਮਾਤਮਾ ਦੇ) ਪ੍ਰੇਮ ਦਾ ਰਸਤਾ ਨਹੀਂ ਜਾਣਦੀ, ਉਹ ਮੂਰਖ ਇਸਤ੍ਰੀ ਜੀਵਨ ਦੇ ਸਹੀ ਰਾਹ ਤੋਂ ਖੁੰਝ ਕੇ ਭਟਕਦੀ ਫਿਰਦੀ ਹੈ।
60426	1426	ਨਾਨਕ ਹਰਿ ਬਿਸਰਾਇ ਕੈ ਪਉਦੇ ਨਰਕਿ ਅੰਧ੍ਯਾਰ॥੧੮॥	ਪਉਂਦੇ।ਅੰਧ੍ਯਾਰ: ਅੰਧਿਆਰ	Naanak Har Bisaraae Kai Poudhae Narak Andhhyaar ||18||	O Nanak, forgetting the Lord, they fall into the deep, dark pit of hell. ||18||	ਹੇ ਨਾਨਕ! ਪਰਮਾਤਮਾ (ਦੀ ਯਾਦ) ਭੁਲਾ ਕੇ ਜੀਵ ਘੋਰ ਨਰਕ ਵਿਚ ਪਏ ਰਹਿੰਦੇ ਹਨ ॥੧੮॥
60427	1426	ਮਾਇਆ ਮਨਹੁ ਨ ਵੀਸਰੈ ਮਾਂਗੈ ਦੰਮਾਂ ਦੰਮ॥		Maaeiaa Manahu N Veesarai Maangai Dhanmaan Dhanm ||	In his mind, the mortal does not forget Maya; he begs for more and more wealth.	(ਮਾਇਆ-ਵੇੜ੍ਹੇ ਮਨੁੱਖ ਦੇ) ਮਨ ਤੋਂ ਮਾਇਆਂ ਕਦੇ ਨਹੀਂ ਭੁੱਲਦੀ, (ਉਹ ਹਰ ਵੇਲੇ) ਧਨ ਹੀ ਧਨ ਭਾਲਦਾ ਰਹਿੰਦਾ ਹੈ।
60428	1426	ਸੋ ਪ੍ਰਭੁ ਚਿਤਿ ਨ ਆਵਈ ਨਾਨਕ ਨਹੀ ਕਰੰਮਿ॥੧੯॥		So Prabh Chith N Aavee Naanak Nehee Karanm ||19||	That God does not even come into his consciousness; O Nanak, it is not in his karma. ||19||	ਉਹ ਪਰਮਾਤਮਾ (ਜੋ ਸਭ ਕੁਝ ਦੇਣ ਵਾਲਾ ਹੈ, ਉਸ ਦੇ) ਚਿੱਤ ਵਿਚ ਨਹੀਂ ਆਉਂਦਾ। ਪਰ, ਹੇ ਨਾਨਕ! (ਉਹ ਮਾਇਆ-ਵੇੜ੍ਹਿਆ ਮਨੁੱਖ ਭੀ ਕੀਹ ਕਰੇ? ਨਾਮ-ਧਨ ਉਸ ਦੀ) ਕਿਸਮਤ ਵਿਚ ਹੀ ਨਹੀਂ ॥੧੯॥
60429	1426	ਤਿਚਰੁ ਮੂਲਿ ਨ ਥੁੜੀਦੋ ਜਿਚਰੁ ਆਪਿ ਕ੍ਰਿਪਾਲੁ॥		Thichar Mool N Thhurranaeedho Jichar Aap Kirapaal ||	The mortal does not run out of capital, as long as the Lord Himself is merciful.	ਜਿਤਨਾ ਚਿਰ ਪਰਮਾਤਮਾ ਆਪ ਦਇਆਵਾਨ ਰਹਿੰਦਾ ਹੈ, ਉਤਨਾ ਚਿਰ ਇਹ (ਨਾਮ) ਧਨ ਕਦੇ ਭੀ ਨਹੀਂ ਮੁੱਕਦਾ।

60430	1426	ਸਬਦੁ ਅਖੁਟੁ ਬਾਬਾ ਨਾਨਕਾ ਖਾਹਿ ਖਰਚਿ ਧਨੁ ਮਾਲੁ॥੨੦॥	ਅ-ਖੁੱਟੁ	Sabadh Akhutt Baabaa Naanakaa Khaahi Kharach Dhhan Maal ||20||	The Word of the Shabad is Guru Nanak's inexhaustible treasure; this wealth and capital never runs out, no matter how much it is spent and consumed. ||20||	ਹੇ ਨਾਨਕ! ਪਰਮਾਤਮਾ ਦੀ ਸਿਫ਼ਤ-ਸਾਲਾਹ ਐਸਾ ਧਨ ਹੈ ਐਸਾ ਮਾਲ ਹੈ ਜੋ ਕਦੇ ਮੁੱਕਦਾ ਨਹੀਂ। (ਇਸ ਧਨ ਨੂੰ ਆਪ) ਵਰਤਿਆ ਕਰ, (ਹੋਰਨਾਂ ਵਿਚ ਭੀ) ਵੰਡਿਆ ਕਰ ॥੨੦॥
60431	1426	ਖੰਭ ਵਿਕਾਂਦੜੇ ਜੇ ਲਹਾਂ ਘਿੰਨਾ ਸਾਵੀ ਤੋਲਿ॥	ਸਤਿ ਸੰਤੋਖ ਰੂਪੀ ਖੰਭ ਜੇ (ਵਿਕਾਂਦੜੇ) ਵਿਕਦੇ (ਲਹਾਂ) ਜਾਣਾਂ, ਮਨ ਸਿਰ, (ਸਾਵੀ) ਬਰਾਬਰ ਤੋਲਿ ਤੋਲਿ ਕੇ, ਖ਼ਰੀਦ (ਘਿੰਨਾ) ਲਵਾਂ	Khanbh Vikaandharrae Jae Lehaan Ghinnaa Saavee Thol ||	If I could find wings for sale, I would buy them with an equal weight of my flesh.	ਜੇ ਮੈਂ ਕਿਤੇ ਖੰਭ ਲੱਭ ਲਵਾਂ, ਤਾਂ ਮੈਂ ਆਪਣਾ ਆਪ ਦੇ ਕੇ ਉਸ ਦੇ ਬਰਾਬਰ ਤੋਲ ਕੇ ਉਹ ਖੰਭ ਲੈ ਲਵਾਂ।
60432	1426	ਤੰਨਿ ਜੜਾਂਈ ਆਪਣੈ ਲਹਾਂ ਸੁ ਸਜਣੁ ਟੋਲਿ॥੨੧॥	ਆਪਣੇ ਸ੍ਰੀਰ ਚ, ਸਤਿਗੁਰੂ ਸਾਹਿਬ ਜੀ ਤੋਂ ਜੜਾ ਲਵਾਂ, ਪਰਮ ਪਿਆਰੇ ਅਕਾਲ ਪੁਰਖ ਜੀ ਨੂੰ ਖੋਜ ਲਵਾਂ	Thann Jarraanee Aapanai Lehaan S Sajan Ttol ||21||	I would attach them to my body, and seek out and find my Friend. ||21||	ਮੈਂ ਉਹ ਖੰਭ ਆਪਣੇ ਸਰੀਰ ਉੱਤੇ ਜੜ ਲਵਾਂ ਅਤੇ (ਉਡਾਰੀ ਲਾ ਕੇ) ਭਾਲ ਕਰ ਕੇ ਉਸ ਸੱਜਣ ਪ੍ਰਭੂ ਦਾ ਮਿਲਾਪ ਹਾਸਲ ਕਰ ਲਵਾਂ (ਭਾਵ, ਆਪਾ-ਭਾਵ ਸਦਕੇ ਕੀਤਿਆਂ ਹੀ ਉਹ ਆਤਮਕ ਉਡਾਰੀ ਲੱਗਦੀ ਹੈ ਜਿਸ ਦੀ ਬਰਕਤਿ ਨਾਲ ਪਰਮਾਤਮਾ ਲੱਭ ਪੈਂਦਾ ਹੈ) ॥੨੧॥

60433	1426	ਸਜਣੁ ਸਚਾ ਪਾਤਿਸਾਹੁ ਸਿਰਿ ਸਾਹਾਂ ਦੈ ਸਾਹੁ॥		Sajan Sachaa Paathisaahu Sir Saahaan Dhai Saahu ||	My Friend is the True Supreme King, the King over the heads of kings.	(ਅਸਲ) ਮਿੱਤਰ ਸਦਾ ਕਾਇਮ ਰਹਿਣ ਵਾਲਾ ਪ੍ਰਭੂ-ਪਾਤਿਸ਼ਾਹ ਹੈ ਜੋ (ਦੁਨੀਆ ਦੇ ਸਾਰੇ) ਪਾਤਿਸ਼ਾਹਾਂ ਦੇ ਸਿਰ ਤੇ ਪਾਤਿਸ਼ਾਹ ਹੈ (ਸਭ ਦੁਨੀਆਵੀ ਪਾਤਿਸ਼ਾਹਾਂ ਤੋਂ ਵੱਡਾ ਹੈ)।
60434	1426	ਜਿਸੁ ਪਾਸਿ ਬਹਿਠਿਆ ਸੋਹੀਐ ਸਭਨਾਂ ਦਾ ਵੇਸਾਹੁ॥੨੨॥	(ਬਹਿ-ਠਿਆਂ) ਇਸਥਿੱਤ ਹੋਇਆਂ, ਸਭਨਾਂ ਦੇ (ਵੇਸਾਹੁ) ਭਰੋਸੇ ਯੋਗ	Jis Paas Behithiaa Soheeai Sabhanaan Dhaa Vaesaahu ||22||	Sitting by His side, we are exalted and beautified; He is the Support of all. ||22||	ਉਹ ਪ੍ਰਭੂ-ਪਾਤਿਸ਼ਾਹ ਸਭ ਜੀਵਾਂ ਦਾ ਆਸਰਾ ਹੈ, (ਉਹ ਐਸਾ ਹੈ ਕਿ) ਉਸ ਦੇ ਪਾਸ ਬੈਠਿਆਂ (ਲੋਕ ਪਰਲੋਕ ਦੀ) ਸੋਭਾ ਖੱਟ ਲਈਦੀ ਹੈ ॥੨੨॥
60435	1426	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadh ||	One Universal Creator God. By The Grace Of The True Guru:	ਅਕਾਲ ਪੁਰਖ ਇੱਕ ਹੈ ਅਤੇ ਸਤਿਗੁਰੂ ਦੀ ਕਿਰਪਾ ਨਾਲ ਮਿਲਦਾ ਹੈ।
60436	1426	ਸਲੋਕ ਮਹਲਾ ੯॥		Salok Mehalaa 9 ||	Shalok, Ninth Mehl:	ਗੁਰੂ ਤੇਗਬਹਾਦਰ ਜੀ ਦੇ ਸਲੋਕ।
60437	1426	ਗੁਨ ਗੋਬਿੰਦ ਗਾਇਓ ਨਹੀ ਜਨਮੁ ਅਕਾਰਥ ਕੀਨ॥		Gun Gobindh Gaaeiou Nehee Janam Akaarathh Keen ||	If you do not sing the Praises of the Lord, your life is rendered useless.	ਜੇ ਤੂੰ ਪਰਮਾਤਮਾ ਦੇ ਗੁਣ ਕਦੇ ਨਹੀਂ ਗਾਏ, ਤਾਂ ਤੂੰ ਆਪਣਾ ਮਨੁੱਖਾ ਜਨਮ ਨਿਕੰਮਾ ਕਰ ਲਿਆ।

60438	1426	ਕਹੁ ਨਾਨਕ ਹਰਿ ਭਜੁ ਮਨਾ ਜਿਹਿ ਬਿਧਿ ਜਲ ਕੌ ਮੀਨ॥੧॥	ਭਜੁ,ਬਿਧਿ: ਪੋਲਾ ਬੋਲੋ	Kahu Naanak Har Bhaj Manaa Jih Bidhh Jal Ko Meen ||1||	Says Nanak, meditate, vibrate upon the Lord; immerse your mind in Him, like the fish in the water. ||1||	ਨਾਨਕ ਆਖਦਾ ਹੈ- ਹੇ ਮਨ! ਪਰਮਾਤਮਾ ਦਾ ਭਜਨ ਕਰਿਆ ਕਰ (ਤੇ, ਉਸ ਨੂੰ ਇਉਂ ਜ਼ਿੰਦਗੀ ਦਾ ਆਸਰਾ ਬਣਾ) ਜਿਵੇਂ ਪਾਣੀ ਨੂੰ ਮੱਛੀ (ਆਪਣੀ ਜਿੰਦ ਦਾ ਆਸਰਾ ਬਣਾਈ ਰੱਖਦੀ ਹੈ) ॥੧॥
60439	1426	ਬਿਖਿਅਨ ਸਿਉ ਕਾਹੇ ਰਚਿਓ ਨਿਮਖ ਨ ਹੋਹਿ ਉਦਾਸ॥		Bikhian Sio Kaahae Rachiou Nimakh N Hohi Oudhaas ||	Why are you engrossed in sin and corruption? You are not detached, even for a moment!	ਤੂੰ ਵਿਸ਼ਿਆਂ ਨਾਲ ਕਿਉਂ (ਇਤਨਾ) ਮਸਤ ਰਹਿੰਦਾ ਹੈਂ? ਤੂੰ ਅੱਖ ਝਮਕਣ ਜਿਤਨੇ ਸਮੇ ਲਈ ਭੀ ਵਿਸ਼ਿਆਂ ਤੋਂ ਚਿੱਤ ਨਹੀਂ ਹਟਾਂਦਾ।
60440	1426	ਕਹੁ ਨਾਨਕ ਭਜੁ ਹਰਿ ਮਨਾ ਪਰੈ ਨ ਜਮ ਕੀ ਫਾਸ॥੨॥		Kahu Naanak Bhaj Har Manaa Parai N Jam Kee Faas ||2||	Says Nanak, meditate, vibrate upon the Lord, and you shall not be caught in the noose of death. ||2||	ਨਾਨਕ ਆਖਦਾ ਹੈ- ਹੇ ਮਨ! ਪਰਮਾਤਮਾ ਦਾ ਭਜਨ ਕਰਿਆ ਕਰ। (ਭਜਨ ਦੀ ਬਰਕਤਿ ਨਾਲ) ਜਮਾਂ ਦੀ ਫਾਹੀ (ਗਲ ਵਿਚ) ਨਹੀਂ ਪੈਂਦੀ ॥੨॥
60441	1426	ਤਰਨਾਪੋ ਇਉ ਹੀ ਗਇਓ ਲੀਓ ਜਰਾ ਤਨੁ ਜੀਤਿ॥	(ਤਰਨਾ-ਪੋ) ਜਵਾਨੀ। (ਜਰਾ) ਬੁਢੇਪਾ	Tharanaapo Eio Hee Gaeiou Leeou Jaraa Than Jeeth ||	Your youth has passed away like this, and old age has overtaken your body.	(ਤੇਰੀ) ਜੁਆਨੀ ਬੇ-ਪਰਵਾਹੀ ਵਿਚ ਹੀ ਲੰਘ ਗਈ, (ਹੁਣ) ਬੁਢੇਪੇ ਨੇ ਤੇਰੇ ਸਰੀਰ ਨੂੰ ਜਿੱਤ ਲਿਆ ਹੈ।
60442	1426	ਕਹੁ ਨਾਨਕ ਭਜ ਹਰਿ ਮਨਾ ਅਉਧ ਜਾਤੁ ਹੈ ਬੀਤਿ॥੩॥	ਭਜ: ਪੋਲਾ ਬੋਲੋ	Kahu Naanak Bhaj Har Manaa Aoudhh Jaath Hai Beeth ||3||	Says Nanak, meditate, vibrate upon the Lord; your life is fleeting away! ||3||	ਨਾਨਕ ਆਖਦਾ ਹੈ- ਹੇ ਮਨ! ਪਰਮਾਤਮਾ ਦਾ ਭਜਨ ਕਰਿਆ ਕਰ। ਉਮਰ ਲੰਘਦੀ ਜਾ ਰਹੀ ਹੈ ॥੩॥

60443	1426	ਬਿਰਧ ਭਇਓ ਸੂਝੈ ਨਹੀ ਕਾਲੁ ਪਹੂਚਿਓ ਆਨ॥	ਪ-ਹੂਚਿਓ	Biradhh Bhaeiou Soojhai Nehee Kaal Pehoochiou Aan ||	You have become old, and you do not understand that death is overtaking you.	(ਵੇਖ, ਤੂੰ ਹੁਣ) ਬੁੱਢਾ ਹੋ ਗਿਆ ਹੈਂ (ਪਰ ਤੈਨੂੰ ਅਜੇ ਭੀ ਇਹ) ਸਮਝ ਨਹੀਂ ਆ ਰਹੀ ਕਿ ਮੌਤ (ਸਿਰ ਤੇ) ਆ ਪਹੁੰਚੀ ਹੈ।
60444	1426	ਕਹੁ ਨਾਨਕ ਨਰ ਬਾਵਰੇ ਕਿਉ ਨ ਭਜੈ ਭਗਵਾਨ॥੪॥		Kahu Naanak Nar Baavarae Kio N Bhajai Bhagavaan ||4||	Says Nanak, you are insane! Why do you not remember and meditate on God? ||4||	ਨਾਨਕ ਆਖਦਾ ਹੈ- ਹੇ ਝੱਲੇ ਮਨੁੱਖ! ਤੂੰ ਕਿਉਂ ਪਰਮਾਤਮਾ ਦਾ ਭਜਨ ਨਹੀਂ ਕਰਦਾ? ॥੪॥
60445	1426	ਧਨੁ ਦਾਰਾ ਸੰਪਤਿ ਸਗਲ ਜਿਨਿ ਅਪੁਨੀ ਕਰਿ ਮਾਨਿ॥		Dhhan Dhaaraa Sanpath Sagal Jin Apunee Kar Maan ||	Your wealth, spouse, and all the possessions which you claim as your own	(ਹੇ ਭਾਈ!) ਧਨ, ਇਸਤ੍ਰੀ, ਸਾਰੀ ਜਾਇਦਾਦ-(ਇਸ ਨੂੰ) ਆਪਣੀ ਕਰ ਕੇ ਨਾਹ ਮੰਨ।
60446	1426	ਇਨ ਮੈ ਕਛੁ ਸੰਗੀ ਨਹੀ ਨਾਨਕ ਸਾਚੀ ਜਾਨਿ॥੫॥		Ein Mai Kashh Sangee Nehee Naanak Saachee Jaan ||5||	- none of these shall go along with you in the end. O Nanak, know this as true. ||5||	ਹੇ ਨਾਨਕ! ਇਹ ਗੱਲ ਸੱਚੀ ਸਮਝ ਕਿ ਇਹਨਾਂ ਸਾਰਿਆਂ ਵਿਚੋਂ ਕੋਈ ਇੱਕ ਭੀ ਤੇਰਾ ਸਾਥੀ ਨਹੀਂ ਬਣ ਸਕਦਾ ॥੫॥
60447	1426	ਪਤਿਤ ਉਧਾਰਨ ਭੈ ਹਰਨ ਹਰਿ ਅਨਾਥ ਕੇ ਨਾਥ॥		Pathith Oudhhaaran Bhai Haran Har Anaathh Kae Naathh ||	He is the Saving Grace of sinners, the Destroyer of fear, the Master of the masterless.	ਪ੍ਰਭੂ ਜੀ ਵਿਕਾਰੀਆਂ ਨੂੰ ਵਿਕਾਰਾਂ ਤੋਂ ਬਚਾਣ ਵਾਲੇ ਹਨ, ਸਾਰੇ ਡਰ ਦੂਰ ਕਰਨ ਵਾਲੇ ਹਨ, ਅਤੇ ਨਿਖਸਮਿਆਂ ਦੇ ਖਸਮ ਹਨ।

60448	1426	ਕਹੁ ਨਾਨਕ ਤਿਹ ਜਾਨੀਐ ਸਦਾ ਬਸਤੁ ਤੁਮ ਸਾਥ॥੬॥		Kahu Naanak Thih Jaaneeai Sadhaa Basath Thum Saathh ||6||	Says Nanak, realize and know Him, who is always with you. ||6||	ਨਾਨਕ ਆਖਦਾ ਹੈ- ਉਸ (ਪ੍ਰਭੂ) ਨੂੰ (ਇਉਂ) ਸਮਝਣਾ ਚਾਹੀਦਾ ਹੈ ਕਿ ਉਹ ਸਦਾ ਤੇਰੇ ਨਾਲ ਵੱਸਦਾ ਹੈ ॥੬॥
60449	1426	ਤਨੁ ਧਨੁ ਜਿਹ ਤੋਕਉ ਦੀਓ ਤਾਂ ਸਿਉ ਨੇਹੁ ਨ ਕੀਨ॥	(ਤੋਕਉ) ਆਪ ਜੀ ਨੂੰ	Than Dhhan Jih Tho Ko Dheeou Thaan Sio Naehu N Keen ||	He has given you your body and wealth, but you are not in love with Him.	ਜਿਸ (ਪਰਮਾਤਮਾ) ਨੇ ਤੈਨੂੰ ਸਰੀਰ ਦਿੱਤਾ, ਧਨ ਦਿੱਤਾ, ਤੂੰ ਉਸ ਨਾਲ ਪਿਆਰ ਨਾਹ ਪਾਇਆ,
60450	1426	ਕਹੁ ਨਾਨਕ ਨਰ ਬਾਵਰੇ ਅਬ ਕਿਉ ਡੋਲਤ ਦੀਨ॥੭॥		Kahu Naanak Nar Baavarae Ab Kio Ddolath Dheen ||7||	Says Nanak, you are insane! Why do you now shake and tremble so helplessly? ||7||	ਨਾਨਕ ਆਖਦਾ ਹੈ- ਹੇ ਝੱਲੇ ਮਨੁੱਖ! ਹੁਣ ਆਤੁਰ ਹੋ ਕੇ ਘਬਰਾਇਆ ਕਿਉਂ ਫਿਰਦਾ ਹੈਂ (ਭਾਵ, ਉਸ ਹਰੀ ਨੂੰ ਯਾਦ ਕਰਨ ਤੋਂ ਬਿਨਾ ਘਬਰਾਣਾ ਤਾਂ ਹੋਇਆ ਹੀ) ॥੭॥
60451	1426	ਤਨੁ ਧਨੁ ਸੰਪੈ ਸੁਖ ਦੀਓ ਅਰੁ ਜਿਹ ਨੀਕੇ ਧਾਮ॥		Than Dhhan Sanpai Sukh Dheeou Ar Jih Neekae Dhhaam ||	He has given you your body, wealth, property, peace and beautiful mansions.	ਜਿਸ (ਪਰਮਾਤਮਾ) ਨੇ ਸਰੀਰ ਦਿੱਤਾ, ਧਨ ਦਿੱਤਾ, ਜਾਇਦਾਦ ਦਿੱਤੀ, ਸੁਖ ਦਿੱਤੇ ਅਤੇ ਸੋਹਣੇ ਘਰ ਦਿੱਤੇ,
60452	1426	ਕਹੁ ਨਾਨਕ ਸੁਨੁ ਰੇ ਮਨਾ ਸਿਮਰਤ ਕਾਹਿ ਨ ਰਾਮ॥੮॥		Kahu Naanak Sun Rae Manaa Simarath Kaahi N Raam ||8||	Says Nanak, listen, mind: why don't you remember the Lord in meditation? ||8||	ਨਾਨਕ ਆਖਦਾ ਹੈ- ਹੇ ਮਨ! ਸੁਣ, ਉਸ ਪਰਮਾਤਮਾ ਦਾ ਤੂੰ ਸਿਮਰਨ ਕਿਉਂ ਨਹੀਂ ਕਰਦਾ? ॥੮॥

60453	1426	ਸਭ ਸੁਖਦਾਤਾ ਰਾਮੁ ਹੈ ਦੂਸਰ ਨਾਹਿਨ ਕੋਇ॥	ਨਾਹਿ–ਨ	Sabh Sukh Dhaathaa Raam Hai Dhoosar Naahin Koe ||	The Lord is the Giver of all peace and comfort. There is no other at all.	ਪਰਮਾਤਮਾ (ਹੀ) ਸਾਰੇ ਸੁਖ ਦੇਣ ਵਾਲਾ ਹੈ, (ਉਸ ਦੇ ਬਰਾਬਰ ਦਾ ਹੋਰ) ਕੋਈ ਦੂਜਾ ਨਹੀਂ ਹੈ।
60454	1426	ਕਹੁ ਨਾਨਕ ਸੁਨਿ ਰੇ ਮਨਾ ਤਿਹ ਸਿਮਰਤ ਗਤਿ ਹੋਇ॥੯॥		Kahu Naanak Sun Rae Manaa Thih Simarath Gath Hoe ||9||	Says Nanak, listen, mind: meditating in remembrance on Him, salvation is attained. ||9||	ਨਾਨਕ ਆਖਦਾ ਹੈ- ਹੇ ਮਨ! ਸੁਣ, ਉਸ (ਦਾ ਨਾਮ) ਸਿਮਰਦਿਆਂ ਉੱਚੀ ਆਤਮਕ ਅਵਸਥਾ (ਭੀ) ਪ੍ਰਾਪਤ ਹੋ ਜਾਂਦੀ ਹੈ ॥੯॥
60455	1427	ਜਿਹ ਸਿਮਰਤ ਗਤਿ ਪਾਈਐ ਤਿਹਿ ਭਜੁ ਰੇ ਤੈ ਮੀਤ॥	(ਤੈ) ਆਪ ਜੀ। ਭਜੁ: ਪੋਲਾ ਬੋਲੋ	Jih Simarath Gath Paaeeai Thih Bhaj Rae Thai Meeth ||	Remembering Him in meditation, salvation is attained; vibrate and meditate on Him, O my friend.	ਹੇ ਮਿੱਤਰ! ਤੂੰ ਉਸ ਪਰਮਾਤਮਾ ਦਾ ਭਜਨ ਕਰਿਆ ਕਰ, ਜਿਸ ਦਾ ਨਾਮ ਸਿਮਰਦਿਆਂ ਉੱਚੀ ਆਤਮਕ ਅਵਸਥਾ ਪ੍ਰਾਪਤ ਹੁੰਦੀ ਹੈ।
60456	1427	ਕਹੁ ਨਾਨਕ ਸੁਨ ਰੇ ਮਨਾ ਅਉਧ ਘਟਤ ਹੈ ਨੀਤ॥੧੦॥		Kahu Naanak Sun Rae Manaa Aoudhh Ghattath Hai Neeth ||10||	Says Nanak, listen, mind: your life is passing away! ||10||	ਨਾਨਕ ਆਖਦਾ ਹੈ- ਹੇ ਮਨ! ਸੁਣ, ਉਮਰ ਸਦਾ ਘਟਦੀ ਜਾ ਰਹੀ ਹੈ (ਪਰਮਾਤਮਾ ਦਾ ਸਿਮਰਨ ਨਾਹ ਵਿਸਾਰ) ॥੧੦॥
60457	1427	ਪਾਂਚ ਤਤ ਕੋ ਤਨੁ ਰਚਿਓ ਜਾਨਹੁ ਚਤੁਰ ਸੁਜਾਨ॥		Paanch Thath Ko Than Rachiou Jaanahu Chathur Sujaan ||	Your body is made up of the five elements; you are clever and wise - know this well.	ਹੇ ਚਤੁਰ ਮਨੁੱਖ! ਹੇ ਸਿਆਣੇ ਮਨੁੱਖ! ਤੂੰ ਜਾਣਦਾ ਹੈਂ ਕਿ (ਤੇਰਾ ਇਹ) ਸਰੀਰ (ਪਰਮਾਤਮਾ ਨੇ) ਪੰਜ ਤੱਤਾਂ ਤੋਂ ਬਣਾਇਆ ਹੈ।

60458	1427	ਜਿਹ ਤੇ ਉਪਜਿਓ ਨਾਨਕਾ ਲੀਨ ਤਾਹਿ ਮੈ ਮਾਨ॥੧੧॥		Jih Thae Oupajiou Naanakaa Leen Thaahi Mai Maan ||11||	Believe it - you shall merge once again into the One, O Nanak, from whom you originated. ||11||	ਹੇ ਨਾਨਕ! (ਇਹ ਭੀ) ਯਕੀਨ ਜਾਣ ਕਿ ਜਿਨ੍ਹਾਂ ਤੱਤਾਂ ਤੋਂ (ਇਹ ਸਰੀਰ) ਬਣਿਆ ਹੈ (ਮੁੜ) ਉਹਨਾਂ ਵਿਚ ਹੀ ਲੀਨ ਹੋ ਜਾਇਗਾ (ਫਿਰ ਇਸ ਸਰੀਰ ਦੇ ਝੂਠੇ ਮੋਹ ਵਿਚ ਫਸ ਕੇ ਪਰਮਾਤਮਾ ਦਾ ਸਿਮਰਨ ਕਿਉਂ ਭੁਲਾ ਰਿਹਾ ਹੈਂ? ॥੧੧॥
60459	1427	ਘਟਿ ਘਟਿ ਮੈ ਹਰਿ ਜੂ ਬਸੈ ਸੰਤਨ ਕਹਿਓ ਪੁਕਾਰਿ॥		Ghatt Ghatt Mai Har Joo Basai Santhan Kehiou Pukaar ||	The Dear Lord abides in each and every heart; the Saints proclaim this as true.	ਸੰਤ ਜਨਾਂ ਨੇ ਉੱਚੀ ਕੂਕ ਕੇ ਦੱਸ ਦਿੱਤਾ ਹੈ ਕਿ ਪਰਮਾਤਮਾ ਹਰੇਕ ਸਰੀਰ ਵਿਚ ਵੱਸ ਰਿਹਾ ਹੈ।
60460	1427	ਕਹੁ ਨਾਨਕ ਤਿਹ ਭਜੁ ਮਨਾ ਭਉ ਨਿਧਿ ਉਤਰਹਿ ਪਾਰਿ॥੧੨॥	(ਭਉ-ਨਿਧਿ) ਡਰ ਦੇ ਸਮੁੰਦ੍ਰ। ਉੱਤਰ-ਹਿ	Kahu Naanak Thih Bhaj Manaa Bho Nidhh Outharehi Paar ||12||	Says Nanak, meditate and vibrate upon Him, and you shall cross over the terrifying world-ocean. ||12||	ਨਾਨਕ ਆਖਦਾ ਹੈ- ਹੇ ਮਨ! ਤੂੰ ਉਸ (ਪਰਮਾਤਮਾ) ਦਾ ਭਜਨ ਕਰਿਆ ਕਰ, (ਭਜਨ ਦੀ ਬਰਕਤਿ ਨਾਲ) ਸੰਸਾਰ-ਸਮੁੰਦਰ ਤੋਂ ਤੂੰ ਪਾਰ ਲੰਘ ਜਾਹਿਂਗਾ ॥੧੨॥
60461	1427	ਸੁਖੁ ਦੁਖੁ ਜਿਹ ਪਰਸੈ ਨਹੀ ਲੋਭ ਮੋਹ ਅਭਿਮਾਨੁ॥		Sukh Dhukh Jih Parasai Nehee Lobh Mohu Abhimaan ||	One who is not touched by pleasure or pain, greed, emotional attachment and egotistical pride	ਜਿਸ ਮਨੁੱਖ (ਦੇ ਹਿਰਦੇ) ਨੂੰ ਸੁਖ ਦੁਖ ਨਹੀਂ ਪੋਹ ਸਕਦਾ, ਲੋਭ ਮੋਹ ਅਹੰਕਾਰ ਨਹੀਂ ਪੋਹ ਸਕਦਾ (ਭਾਵ, ਜਿਹੜਾ ਮਨੁੱਖ ਸੁਖ ਦੁਖ ਵੇਲੇ ਆਤਮਕ ਜੀਵਨ ਵਲੋਂ ਨਹੀਂ ਡੋਲਦਾ, ਜਿਸ ਉਤੇ ਲੋਭ ਮੋਹ ਅਹੰਕਾਰ ਆਪਣਾ ਜ਼ੋਰ ਨਹੀਂ ਪਾ ਸਕਦਾ),

60462	1427	ਕਹੁ ਨਾਨਕ ਸੁਨ ਰੇ ਮਨਾ ਸੋ ਮੂਰਤ ਭਗਵਾਨ ॥੧੩॥		Kahu Naanak Sun Rae Manaa So Moorath Bhagavaan ||13||	- says Nanak, listen, mind: he is the very image of God. ||13||	ਨਾਨਕ ਆਖਦਾ ਹੈ- ਹੇ ਮਨ! ਸੁਣ, ਉਹ ਮਨੁੱਖ (ਸਾਖਿਆਤ) ਪਰਮਾਤਮਾ ਦਾ ਰੂਪ ਹੈ ॥੧੩॥
60463	1427	ਉਸਤਤਿ ਨਿੰਦਿਆ ਨਾਹਿ ਜਿਹਿ ਕੰਚਨ ਲੋਹ ਸਮਾਨਿ॥		Ousathath Nindhiaa Naahi Jihi Kanchan Loh Samaan ||	One who is beyond praise and slander, who looks upon gold and iron alike	ਜਿਸ ਮਨੁੱਖ (ਦੇ ਮਨ) ਨੂੰ ਉਸਤਤਿ ਨਹੀਂ (ਡੁਲਾ ਸਕਦੀ) ਨਿੰਦਿਆ ਨਹੀਂ (ਡੁਲਾ ਸਕਦੀ), ਜਿਸ ਨੂੰ ਸੋਨਾ ਅਤੇ ਲੋਹਾ ਇਕੋ ਜਿਹੇ (ਦਿੱਸਦੇ ਹਨ, ਭਾਵ, ਜੋ ਲਾਲਚ ਵਿਚ ਨਹੀਂ ਫਸਦਾ),
60464	1427	ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ॥੧੪॥		Kahu Naanak Sun Rae Manaa Mukath Thaahi Thai Jaan ||14||	- says Nanak, listen, mind: know that such a person is liberated. ||14||	ਨਾਨਕ ਆਖਦਾ ਹੈ- ਹੇ ਮਨ! ਸੁਣ, ਇਹ ਗੱਲ (ਪੱਕ) ਜਾਣ ਕਿ ਉਸ ਨੂੰ ਮੋਹ ਤੋਂ ਛੁਟਕਾਰਾ ਮਿਲ ਚੁੱਕਾ ਹੈ ॥੧੪॥
60465	1427	ਹਰਖ ਸੋਗ ਜਾ ਕੈ ਨਹੀ ਬੈਰੀ ਮੀਤ ਸਮਾਨ॥		Harakh Sog Jaa Kai Nehee Bairee Meeth Samaan ||	One who is not affected by pleasure or pain, who looks upon friend and enemy alike	ਜਿਸ ਮਨੁੱਖ ਦੇ ਹਿਰਦੇ ਵਿਚ ਖ਼ੁਸ਼ੀ ਗ਼ਮੀ ਆਪਣਾ ਜ਼ੋਰ ਨਹੀਂ ਪਾ ਸਕਦੀ, ਜਿਸ ਨੂੰ ਵੈਰੀ ਤੇ ਮਿੱਤਰ ਇਕੋ ਜਿਹੇ (ਮਿੱਤਰ ਹੀ) ਜਾਪਦੇ ਹਨ,
60466	1427	ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨ॥੧੫॥		Kahu Naanak Sun Rae Manaa Mukath Thaahi Thai Jaan ||15||	- says Nanak, listen, mind: know that such a person is liberated. ||15||	ਨਾਨਕ ਆਖਦਾ ਹੈ- ਹੇ ਮਨ! ਸੁਣ, ਤੂੰ ਇਹ ਗੱਲ ਪੱਕੀ ਸਮਝ ਕਿ ਉਸ ਨੂੰ ਮਾਇਆ ਦੇ ਮੋਹ ਤੋਂ ਖ਼ਲਾਸੀ ਮਿਲ ਚੁੱਕੀ ਹੈ ॥੧੫॥

60467	1427	ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨਿ॥		Bhai Kaahoo Ko Dhaeth Nehi Nehi Bhai Maanath Aan ||	One who does not frighten anyone, and who is not afraid of anyone else	ਜਿਹੜਾ ਮਨੁੱਖ ਕਿਸੇ ਨੂੰ (ਕੋਈ) ਡਰਾਵੇ ਨਹੀਂ ਦੇਂਦਾ, ਅਤੇ ਕਿਸੇ ਦੇ ਡਰਾਵੇ ਨਹੀਂ ਮੰਨਦਾ (ਡਰਾਵਿਆਂ ਤੋਂ ਘਬਰਾਂਦਾ ਨਹੀਂ)
60468	1427	ਕਹੁ ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ॥੧੬॥		Kahu Naanak Sun Rae Manaa Giaanee Thaahi Bakhaan ||16||	- says Nanak, listen, mind: call him spiritually wise. ||16||	ਨਾਨਕ ਆਖਦਾ ਹੈ- ਹੇ ਮਨ! ਸੁਣ, ਉਸ ਨੂੰ ਆਤਮਕ ਜੀਵਨ ਦੀ ਸੂਝ ਵਾਲਾ ਸਮਝ ॥੧੬॥
60469	1427	ਜਿਹਿ ਬਿਖਿਆ ਸਗਲੀ ਤਜੀ ਲੀਓ ਭੇਖ ਬੈਰਾਗ॥		Jihi Bikhiaa Sagalee Thajee Leeou Bhaekh Bairaag ||	One who has forsaken all sin and corruption, who wears the robes of neutral detachment	ਜਿਸ (ਮਨੁੱਖ) ਨੇ (ਕਾਮ, ਕ੍ਰੋਧ, ਲੋਭ, ਮੋਹ, ਅਹੰਕਾਰ, ਨਿੰਦਾ, ਈਰਖਾ, ਆਦਿਕ ਅਨੇਕਾਂ ਰੂਪਾਂ ਵਾਲੀ) ਸਾਰੀ ਦੀ ਸਾਰੀ ਮਾਇਆ ਤਿਆਗ ਦਿੱਤੀ, (ਉਸੇ ਨੇ ਹੀ ਸਹੀ) ਵੈਰਾਗ ਦਾ (ਸਹੀ) ਭੇਖ ਧਾਰਨ ਕੀਤਾ (ਸਮਝ)।
60470	1427	ਕਹੁ ਨਾਨਕ ਸੁਨ ਰੇ ਮਨਾ ਤਿਹ ਨਰ ਮਾਥੈ ਭਾਗ॥੧੭॥		Kahu Naanak Sun Rae Manaa Thih Nar Maathhai Bhaag ||17||	- says Nanak, listen, mind: good destiny is written on his forehead. ||17||	ਨਾਨਕ ਆਖਦਾ ਹੈ- ਹੇ ਮਨ! ਸੁਣ, ਉਸ ਮਨੁੱਖ ਦੇ ਮੱਥੇ ਉਤੇ (ਚੰਗਾ) ਭਾਗ (ਜਾਗਿਆ ਸਮਝ) ॥੧੭॥
60471	1427	ਜਿਹਿ ਮਾਇਆ ਮਮਤਾ ਤਜੀ ਸਭ ਤੇ ਭਇਓ ਉਦਾਸ॥		Jihi Maaeiaa Mamathaa Thajee Sabh Thae Bhaeiou Oudhaas ||	One who renounces Maya and possessiveness and is detached from everything	ਜਿਸ (ਮਨੁੱਖ) ਨੇ ਮਾਇਆ ਦਾ ਮੋਹ ਛੱਡ ਦਿੱਤਾ, (ਜਿਹੜਾ ਮਨੁੱਖ ਮਾਇਆ ਦੇ ਕਾਮਾਦਿਕ) ਸਾਰੇ ਵਿਕਾਰਾਂ ਵਲੋਂ ਉਪਰਾਮ ਹੋ ਗਿਆ,

60472	1427	ਕਹੁ ਨਾਨਕ ਸੁਨ ਰੇ ਮਨਾ ਤਿਹ ਘਟਿ ਬ੍ਰਹਮ ਨਿਵਾਸੁ॥੧੮॥		Kahu Naanak Sun Rae Manaa Thih Ghatt Breham Nivaas ||18||	- says Nanak, listen, mind: God abides in his heart. ||18||	ਨਾਨਕ ਆਖਦਾ ਹੈ- ਹੇ ਮਨ! ਸੁਣ, ਉਸ ਦੇ ਹਿਰਦੇ ਵਿਚ (ਪਰਤੱਖ ਤੌਰ ਤੇ) ਪਰਮਾਤਮਾ ਦਾ ਨਿਵਾਸ ਹੋ ਜਾਂਦਾ ਹੈ ॥੧੮॥
60473	1427	ਜਿਹਿ ਪ੍ਰਾਨੀ ਹਉਮੈ ਤਜੀ ਕਰਤਾ ਰਾਮ ਪਛਾਨ॥		Jihi Praanee Houmai Thajee Karathaa Raam Pashhaan ||	That mortal, who forsakes egotism, and realizes the Creator Lord	ਜਿਸ ਮਨੁੱਖ ਨੇ ਕਰਤਾਰ ਸਿਰਜਣਹਾਰ ਨਾਲ ਡੂੰਘੀ ਸਾਂਝ ਪਾ ਕੇ (ਆਪਣੇ ਅੰਦਰੋਂ) ਹਉਮੈ ਤਿਆਗ ਦਿੱਤੀ,
60474	1427	ਕਹੁ ਨਾਨਕ ਵਹੁ ਮੁਕਤਿ ਨਰੁ ਇਹ ਮਨ ਸਾਚੀ ਮਾਨ॥੧੯॥		Kahu Naanak Vahu Mukath Nar Eih Man Saachee Maan ||19||	- says Nanak, that person is liberated; O mind, know this as true. ||19||	ਨਾਨਕ ਆਖਦਾ ਹੈ- ਹੇ ਮਨ! ਇਹ ਗੱਲ ਸੱਚੀ ਸਮਝ ਕਿ ਉਹ ਮਨੁੱਖ (ਹੀ) ਮੁਕਤ ਹੈ ॥੧੯॥
60475	1427	ਭੈ ਨਾਸਨ ਦੁਰਮਤਿ ਹਰਨ ਕਲਿ ਮੈ ਹਰਿ ਕੋ ਨਾਮ॥		Bhai Naasan Dhuramath Haran Kal Mai Har Ko Naam ||	In this Dark Age of Kali Yuga, the Name of the Lord is the Destroyer of fear, the Eradicator of evil-mindedness.	ਇਸ ਕਲੇਸ਼ਾਂ-ਭਰੇ ਸੰਸਾਰ ਵਿਚ ਪਰਮਾਤਮਾ ਦਾ ਨਾਮ (ਹੀ) ਸਾਰੇ ਡਰ ਨਾਸ ਕਰਨ ਵਾਲਾ ਹੈ, ਖੋਟੀ ਮੱਤ ਦੂਰ ਕਰਨ ਵਾਲਾ ਹੈ।

60476	1427	ਨਿਸ ਦਿਨਿ ਜੋ ਨਾਨਕ ਭਜੈ ਸਫਲ ਹੋਹਿ ਤਿਹ ਕਾਮ॥੨੦॥	ਭਜੈ: ਪੋਲਾ ਬੋਲੋ,ਹੋ-ਹਿ	Nis Dhin Jo Naanak Bhajai Safal Hohi Thih Kaam ||20||	Night and day, O Nanak, whoever vibrates and meditates on the Lord's Name, sees all of his works brought to fruition. ||20||	ਹੇ ਨਾਨਕ! ਜਿਹੜਾ ਮਨੁੱਖ ਪ੍ਰਭੂ ਦਾ ਨਾਮ ਰਾਤ ਦਿਨ ਜਪਦਾ ਰਹਿੰਦਾ ਹੈ ਉਸ ਦੇ ਸਾਰੇ ਕੰਮ ਨੇਪਰੇ ਚੜ੍ਹ ਜਾਂਦੇ ਹਨ ॥੨੦॥
60477	1427	ਜਿਹਬਾ ਗੁਨ ਗੋਬਿੰਦ ਭਜਹੁ ਕਰਨ ਸੁਨਹੁ ਹਰਿ ਨਾਮ॥	ਭਜ-ਹੁ: ਪੋਲਾ ਬੋਲੋ	Jihabaa Gun Gobindh Bhajahu Karan Sunahu Har Naam ||	Vibrate with your tongue the Glorious Praises of the Lord of the Universe; with your ears, hear the Lord's Name.	(ਆਪਣੀ) ਜੀਭ ਨਾਲ ਪਰਮਾਤਮਾ ਦੇ ਗੁਣਾਂ ਦਾ ਜਾਪ ਕਰਿਆ ਕਰੋ, (ਆਪਣੇ) ਕੰਨਾਂ ਨਾਲ ਪਰਮਾਤਮਾ ਦਾ ਨਾਮ ਸੁਣਿਆ ਕਰੋ।
60478	1427	ਕਹੁ ਨਾਨਕ ਸੁਨ ਰੇ ਮਨਾ ਪਰਹਿ ਨ ਜਮ ਕੈ ਧਾਮ॥੨੧॥		Kahu Naanak Sun Rae Manaa Parehi N Jam Kai Dhhaam ||21||	Says Nanak, listen, man: you shall not have to go to the house of Death. ||21||	ਨਾਨਕ ਆਖਦਾ ਹੈ- ਹੇ ਮਨ! (ਜਿਹੜੇ ਮਨੁੱਖ ਨਾਮ ਜਪਦੇ ਹਨ, ਉਹ) ਜਮਾਂ ਦੇ ਵੱਸ ਨਹੀਂ ਪੈਂਦੇ ॥੨੧॥
60479	1427	ਜੋ ਪ੍ਰਾਨੀ ਮਮਤਾ ਤਜੈ ਲੋਭ ਮੋਹ ਅਹੰਕਾਰ॥	ਅਹੰ-ਕਾਰ	Jo Praanee Mamathaa Thajai Lobh Moh Ahankaar ||	That mortal who renounces possessiveness, greed, emotional attachment and egotism	ਜਿਹੜਾ ਮਨੁੱਖ (ਆਪਣੇ ਅੰਦਰੋਂ ਮਾਇਆ ਦੀ) ਮਮਤਾ ਤਿਆਗਦਾ ਹੈ, ਲੋਭ ਮੋਹ ਅਤੇ ਅਹੰਕਾਰ ਦੂਰ ਕਰਦਾ ਹੈ,

60480	1427	ਕਹੁ ਨਾਨਕ ਆਪਨ ਤਰੈ ਅਉਰਨ ਲੇਤ ਉਧਾਰ॥੨੨॥	ਅਉਰ-ਨ	Kahu Naanak Aapan Tharai Aouran Laeth Oudhhaar ||22||	- says Nanak, he himself is saved, and he saves many others as well. ||22||	ਨਾਨਕ ਆਖਦਾ ਹੈ- ਉਹ ਆਪ (ਭੀ ਇਸ ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ ਅਤੇ ਹੋਰਨਾਂ ਨੂੰ ਭੀ (ਵਿਕਾਰਾਂ ਤੋਂ) ਬਚਾ ਲੈਂਦਾ ਹੈ ॥੨੨॥
60481	1427	ਜਿਉ ਸੁਪਨਾ ਅਰੁ ਪੇਖਨਾ ਐਸੇ ਜਗ ਕਉ ਜਾਨਿ॥		Jio Supanaa Ar Paekhanaa Aisae Jag Ko Jaan ||	Like a dream and a show, so is this world, you must know.	ਜਿਵੇਂ (ਸੁੱਤੇ ਪਿਆਂ) ਸੁਪਨਾ (ਆਉਂਦਾ ਹੈ) ਅਤੇ (ਉਸ ਸੁਪਨੇ ਵਿਚ ਕਈ ਪਦਾਰਥ) ਵੇਖੀਦੇ ਹਨ, ਤਿਵੇਂ ਇਸ ਜਗਤ ਨੂੰ ਸਮਝ ਲੈ।
60482	1427	ਇਨ ਮੈ ਕਛੁ ਸਾਚੋ ਨਹੀ ਨਾਨਕ ਬਿਨੁ ਭਗਵਾਨ॥੨੩॥		Ein Mai Kashh Saacho Nehee Naanak Bin Bhagavaan ||23||	None of this is true, O Nanak, without God. ||23||	ਹੇ ਨਾਨਕ! ਪਰਮਾਤਮਾ ਦੇ ਨਾਮ ਤੋਂ ਬਿਨਾ (ਜਗਤ ਵਿਚ ਦਿੱਸ ਰਹੇ) ਇਹਨਾਂ (ਪਦਾਰਥਾਂ) ਵਿਚ ਕੋਈ ਭੀ ਪਦਾਰਥ ਸਦਾ ਸਾਥ ਨਿਬਾਹੁਣ ਵਾਲਾ ਨਹੀਂ ਹੈ ॥੨੩॥
60483	1427	ਨਿਸਿ ਦਿਨਿ ਮਾਇਆ ਕਾਰਨੇ ਪ੍ਰਾਨੀ ਡੋਲਤ ਨੀਤ॥		Nis Dhin Maaeiaa Kaaranae Praanee Ddolath Neeth ||	Night and day, for the sake of Maya, the mortal wanders constantly.	(ਹੇ ਭਾਈ!) ਮਾਇਆ (ਇਕੱਠੀ ਕਰਨ) ਦੀ ਖ਼ਾਤਰ ਮਨੁੱਖ ਸਦਾ ਰਾਤ ਦਿਨ ਭਟਕਦਾ ਫਿਰਦਾ ਹੈ।

60484	1427	ਕੋਟਨ ਮੈ ਨਾਨਕ ਕੋਊ ਨਾਰਾਇਨ ਜਿਹ ਚੀਤਿ॥੨੪॥		Kottan Mai Naanak Kooo Naaraaein Jih Cheeth ||24||	Among millions, O Nanak, there is scarcely anyone, who keeps the Lord in his consciousness. ||24||	ਹੇ ਨਾਨਕ! ਕ੍ਰੋੜਾਂ (ਬੰਦਿਆਂ) ਵਿਚ ਕੋਈ ਵਿਰਲਾ (ਅਜਿਹਾ ਹੁੰਦਾ) ਹੈ, ਜਿਸ ਦੇ ਮਨ ਵਿਚ ਪਰਮਾਤਮਾ ਦੀ ਯਾਦ ਟਿਕੀ ਹੁੰਦੀ ਹੈ ॥੨੪॥
60485	1427	ਜੈਸੇ ਜਲ ਤੇ ਬੁਦਬੁਦਾ ਉਪਜੈ ਬਿਨਸੈ ਨੀਤ॥		Jaisae Jal Thae Budhabudhaa Oupajai Binasai Neeth ||	As the bubbles in the water well up and disappear again,	ਜਿਵੇਂ ਪਾਣੀ ਤੋਂ ਬੁਲਬੁਲਾ ਸਦਾ ਪੈਦਾ ਹੁੰਦਾ ਅਤੇ ਨਾਸ ਹੁੰਦਾ ਰਹਿੰਦਾ ਹੈ,
60486	1427	ਜਗ ਰਚਨਾ ਤੈਸੇ ਰਚੀ ਕਹੁ ਨਾਨਕ ਸੁਨ ਮੀਤ॥੨੫॥	ਜੱਗ	Jag Rachanaa Thaisae Rachee Kahu Naanak Sun Meeth ||25||	So is the universe created; says Nanak, listen, O my friend! ||25||	ਨਾਨਕ ਆਖਦਾ ਹੈ- ਹੇ ਮਿੱਤਰ! ਸੁਣ, ਤਿਵੇਂ ਹੀ (ਪਰਮਾਤਮਾ ਨੇ) ਜਗਤ ਦੀ (ਇਹ) ਖੇਡ ਬਣਾਈ ਹੋਈ ਹੈ ॥੨੫॥
60487	1427	ਪ੍ਰਾਨੀ ਕਛੂ ਨ ਚੇਤਈ ਮਦ ਮਾਇਆ ਕੈ ਅੰਧ॥		Praanee Kashhoo N Chaethee Madh Maaeiaa Kai Andhh ||	The mortal does not remember the Lord, even for a moment; he is blinded by the wine of Maya.	ਪਰ ਮਾਇਆ ਦੇ ਨਸ਼ੇ ਵਿਚ (ਆਤਮਕ ਜੀਵਨ ਵਲੋਂ) ਅੰਨ੍ਹਾ ਹੋਇਆ ਮਨੁੱਖ (ਆਤਮਕ ਜੀਵਨ ਬਾਰੇ) ਕੁਝ ਭੀ ਨਹੀਂ ਸੋਚਦਾ।
60488	1427	ਕਹੁ ਨਾਨਕ ਬਿਨੁ ਹਰਿ ਭਜਨ ਪਰਤ ਤਾਹਿ ਜਮ ਫੰਧ॥੨੬॥		Kahu Naanak Bin Har Bhajan Parath Thaahi Jam Fandhh ||26||	Says Nanak, without meditating on the Lord, he is caught by the noose of Death. ||26||	ਨਾਨਕ ਆਖਦਾ ਹੈ- ਪਰਮਾਤਮਾ ਦੇ ਭਜਨ ਤੋਂ ਬਿਨਾ (ਅਜਿਹੇ ਮਨੁੱਖ ਨੂੰ) ਜਮਾਂ ਦੀਆਂ ਫਾਹੀਆਂ ਪਈਆਂ ਰਹਿੰਦੀਆਂ ਹਨ ॥੨੬॥

60489	1427	ਜਉ ਸੁਖ ਕਉ ਚਾਹੈ ਸਦਾ ਸਰਨਿ ਰਾਮ ਕੀ ਲੇਹ॥		Jo Sukh Ko Chaahai Sadhaa Saran Raam Kee Laeh ||	If you yearn for eternal peace, then seek the Sanctuary of the Lord.	ਜੇ (ਮਨੁੱਖ) ਆਤਮਕ ਆਨੰਦ (ਹਾਸਲ ਕਰਨਾ) ਚਾਹੁੰਦਾ ਹੈ, ਤਾਂ (ਉਸ ਨੂੰ ਚਾਹੀਦਾ ਹੈ ਕਿ) ਪਰਮਾਤਮਾ ਦੀ ਸਰਨ ਪਿਆ ਰਹੇ।
60490	1427	ਕਹੁ ਨਾਨਕ ਸੁਨ ਰੇ ਮਨਾ ਦੁਰਲਭ ਮਾਨੁਖ ਦੇਹ॥੨੭॥	ਦੁਰ-ਲਭ	Kahu Naanak Sun Rae Manaa Dhuralabh Maanukh Dhaeh ||27||	Says Nanak, listen, mind: this human body is difficult to obtain. ||27||	ਨਾਨਕ ਆਖਦਾ ਹੈ- ਹੇ ਮਨ! ਸੁਣ, ਇਹ ਮਨੁੱਖਾ ਸਰੀਰ ਬੜੀ ਮੁਸ਼ਕਿਲ ਨਾਲ ਮਿਲਦਾ ਹੈ (ਇਸ ਨੂੰ ਮਾਇਆ ਦੀ ਖ਼ਾਤਰ ਭਟਕਣਾ ਵਿਚ ਹੀ ਨਹੀਂ ਰੋਲ ਦੇਣਾ ਚਾਹੀਦਾ) ॥੨੭॥
60491	1427	ਮਾਇਆ ਕਾਰਨਿ ਧਾਵਹੀ ਮੂਰਖ ਲੋਗ ਅਜਾਨ॥		Maaeiaa Kaaran Dhhaavehee Moorakh Log Ajaan ||	For the sake of Maya, the fools and ignorant people run all around.	ਮੂਰਖ ਬੇ-ਸਮਝ ਬੰਦੇ (ਨਿਰੀ) ਮਾਇਆ (ਇਕੱਠੀ ਕਰਨ) ਵਾਸਤੇ ਭਟਕਦੇ ਰਹਿੰਦੇ ਹਨ,
60492	1427	ਕਹੁ ਨਾਨਕ ਬਿਨੁ ਹਰਿ ਭਜਨਿ ਬਿਰਥਾ ਜਨਮੁ ਸਿਰਾਨ॥੨੮॥		Kahu Naanak Bin Har Bhajan Birathhaa Janam Siraan ||28||	Says Nanak, without meditating on the Lord, life passes away uselessly. ||28||	ਨਾਨਕ ਆਖਦਾ ਹੈ- ਪਰਮਾਤਮਾ ਦੇ ਭਜਨ ਤੋਂ ਬਿਨਾ (ਉਹਨਾਂ ਦਾ ਇਹ ਮਨੁੱਖਾ) ਜਨਮ ਅਜਾਈਂ ਬੀਤ ਜਾਂਦਾ ਹੈ ॥੨੮॥
60493	1427	ਜੋ ਪ੍ਰਾਨੀ ਨਿਸਿ ਦਿਨਿ ਭਜੈ ਰੂਪ ਰਾਮ ਤਿਹ ਜਾਨੁ॥		Jo Praanee Nis Dhin Bhajai Roop Raam Thih Jaan ||	That mortal who meditates and vibrates upon the Lord night and day - know him to be the embodiment of the Lord.	ਜਿਹੜਾ ਮਨੁੱਖ ਰਾਤ ਦਿਨ (ਹਰ ਵੇਲੇ ਪਰਮਾਤਮਾ ਦਾ ਨਾਮ) ਜਪਦਾ ਰਹਿੰਦਾ ਹੈ, ਉਸ ਨੂੰ ਪਰਮਾਤਮਾ ਦਾ ਰੂਪ ਸਮਝੋ।

60494	1428	ਹਰਿ ਜਨ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ॥੨੯॥		Har Jan Har Anthar Nehee Naanak Saachee Maan ||29||	There is no difference between the Lord and the humble servant of the Lord; O Nanak, know this as true. ||29||	ਹੇ ਨਾਨਕ! ਇਹ ਗੱਲ ਸੱਚੀ ਮੰਨੇ ਕਿ ਪਰਮਾਤਮਾ ਦੇ ਭਗਤ ਅਤੇ ਪਰਮਾਤਮਾ ਵਿਚ ਕੋਈ ਫ਼ਰਕ ਨਹੀਂ ਹੈ ॥੨੯॥
60495	1428	ਮਨੁ ਮਾਇਆ ਮੈ ਫਧਿ ਰਹਿਓ ਬਿਸਰਿਓ ਗੋਬਿੰਦ ਨਾਮ॥	ਫਧਿ: ਪੋਲਾ ਬੋਲੋ	Man Maaeiaa Mai Fadhh Rehiou Bisariou Gobindh Naam ||	The mortal is entangled in Maya; he has forgotten the Name of the Lord of the Universe.	(ਜਿਸ ਮਨੁੱਖ ਦਾ) ਮਨ (ਹਰ ਵੇਲੇ) ਮਾਇਆ (ਦੇ ਮੋਹ) ਵਿਚ ਫਸਿਆ ਰਹਿੰਦਾ ਹੈ (ਜਿਸ ਨੂੰ) ਪਰਮਾਤਮਾ ਦਾ ਨਾਮ (ਸਦਾ) ਭੁੱਲਾ ਰਹਿੰਦਾ ਹੈ,
60496	1428	ਕਹੁ ਨਾਨਕ ਬਿਨੁ ਹਰਿ ਭਜਨ ਜੀਵਨ ਕਉਨੇ ਕਾਮ॥੩੦॥	(ਕਉਨੇ) ਕਿਸ (ਕਾਮ) ਕੰਮ	Kahu Naanak Bin Har Bhajan Jeevan Kounae Kaam ||30||	Says Nanak, without meditating on the Lord, what is the use of this human life? ||30||	ਨਾਨਕ ਆਖਦਾ ਹੈ (ਦੱਸੋ) ਪਰਮਾਤਮਾ ਦੇ ਭਜਨ ਤੋਂ ਬਿਨਾ (ਉਸ ਦਾ) ਜੀਊਣਾ ਕਿਸ ਕੰਮ? ॥੩੦॥
60497	1428	ਪ੍ਰਾਨੀ ਰਾਮ ਨ ਚੇਤਈ ਮਦਿ ਮਾਇਆ ਕੈ ਅੰਧ॥		Praanee Raam N Chaethee Madh Maaeiaa Kai Andhh ||	The mortal does not think of the Lord; he is blinded by the wine of Maya.	ਮਾਇਆ ਦੇ ਮੋਹ ਵਿਚ (ਫਸ ਕੇ ਆਤਮਕ ਜੀਵਨ ਵਲੋਂ) ਅੰਨ੍ਹਾ ਹੋਇਆ (ਜਿਹੜਾ) ਮਨੁੱਖ ਪਰਮਾਤਮਾ ਦਾ ਨਾਮ ਯਾਦ ਨਹੀਂ ਕਰਦਾ,

60498	1428	ਕਹੁ ਨਾਨਕ ਹਰਿ ਭਜਨ ਬਿਨੁ ਪਰਤ ਤਾਹਿ ਜਮ ਫੰਧ॥੩੧॥		Kahu Naanak Har Bhajan Bin Parath Thaahi Jam Fandhh ||31||	Says Nanak, without meditating on the Lord, he is caught in the noose of Death. ||31||	ਨਾਨਕ ਆਖਦਾ ਹੈ ਕਿ ਪਰਮਾਤਮਾ ਦੇ ਭਜਨ ਤੋਂ ਬਿਨਾ ਉਸ ਨੂੰ (ਉਸ ਦੇ ਗਲ ਵਿਚ) ਜਮਾਂ ਦੀਆਂ ਫਾਹੀਆਂ ਪਈਆਂ ਰਹਿੰਦੀਆਂ ਹਨ ॥੩੧॥
60499	1428	ਸੁਖ ਮੈ ਬਹੁ ਸੰਗੀ ਭਏ ਦੁਖ ਮੈ ਸੰਗਿ ਨ ਕੋਇ॥		Sukh Mai Bahu Sangee Bheae Dhukh Mai Sang N Koe ||	In good times, there are many companions around, but in bad times, there is no one at all.	(ਦੁਨੀਆ ਵਿਚ ਤਾਂ) ਸੁਖ ਵੇਲੇ ਅਨੇਕਾਂ ਮੇਲੀ-ਗੇਲੀ ਬਣ ਜਾਂਦੇ ਹਨ, ਪਰ ਦੁੱਖ ਵਿਚ ਕੋਈ ਭੀ ਨਾਲ ਨਹੀਂ ਹੁੰਦਾ।
60500	1428	ਕਹੁ ਨਾਨਕ ਹਰਿ ਭਜੁ ਮਨਾ ਅੰਤਿ ਸਹਾਈ ਹੋਇ॥੩੨॥		Kahu Naanak Har Bhaj Manaa Anth Sehaaee Hoe ||32||	Says Nanak, vibrate, and meditate on the Lord; He shall be your only Help and Support in the end. ||32||	ਨਾਨਕ ਆਖਦਾ ਹੈ- ਹੇ ਮਨ! ਪਰਮਾਤਮਾ ਦਾ ਭਜਨ ਕਰਿਆ ਕਰ (ਪਰਮਾਤਮਾ) ਅੰਤ ਸਮੇ (ਭੀ) ਮਦਦਗਾਰ ਬਣਦਾ ਹੈ ॥੩੨॥
60501	1428	ਜਨਮ ਜਨਮ ਭਰਮਤ ਫਿਰਿਓ ਮਿਟਿਓ ਨ ਜਮ ਕੋ ਤ੍ਰਾਸੁ॥		Janam Janam Bharamath Firiou Mittiou N Jam Ko Thraas ||	Mortals wander lost and confused through countless lifetimes; their fear of death is never removed.	(ਪਰਮਾਤਮਾ ਦਾ ਸਿਮਰਨ ਭੁਲਾ ਕੇ ਜੀਵ) ਅਨੇਕਾਂ ਜਨਮਾਂ ਵਿਚ ਭਟਕਦਾ ਫਿਰਦਾ ਹੈ, ਜਮਾਂ ਦਾ ਡਰ (ਇਸ ਦੇ ਅੰਦਰੋਂ) ਮੁੱਕਦਾ ਨਹੀਂ।

60502	1428	ਕਹੁ ਨਾਨਕ ਹਰਿ ਭਜੁ ਮਨਾ ਨਿਰਭੈ ਪਾਵਹਿ ਬਾਸੁ॥੩੩॥		Kahu Naanak Har Bhaj Manaa Nirabhai Paavehi Baas ||33||	Says Nanak, vibrate and meditate on the Lord, and you shall dwell in the Fearless Lord. ||33||	ਨਾਨਕ ਆਖਦਾ ਹੈ- ਹੇ ਮਨ! ਪਰਮਾਤਮਾ ਦਾ ਭਜਨ ਕਰਦਾ ਰਿਹਾ ਕਰ, (ਭਜਨ ਦੀ ਬਰਕਤਿ ਨਾਲ) ਤੂੰ ਉਸ ਪ੍ਰਭੂ ਵਿਚ ਨਿਵਾਸ ਪ੍ਰਾਪਤ ਕਰ ਲਏਂਗਾ ਜਿਸ ਨੂੰ ਕੋਈ ਡਰ ਪੋਹ ਨਹੀਂ ਸਕਦਾ ॥੩੩॥
60503	1428	ਜਤਨ ਬਹੁਤੁ ਮੈ ਕਰਿ ਰਹਿਓ ਮਿਟਿਓ ਨ ਮਨ ਕੋ ਮਾਨੁ॥		Jathan Bahuth Mai Kar Rehiou Mittiou N Man Ko Maan ||	I have tried so many things, but the pride of my mind has not been dispelled.	ਹੇ ਭਗਵਾਨ! ਮੈਂ ਅਨੇਕਾਂ (ਹੋਰ ਹੋਰ) ਜਤਨ ਕਰ ਚੁੱਕਾ ਹਾਂ (ਉਹਨਾਂ ਜਤਨਾਂ ਨਾਲ) ਮਨ ਦਾ ਅਹੰਕਾਰ ਦੂਰ ਨਹੀਂ ਹੁੰਦਾ,
60504	1428	ਦੁਰਮਤਿ ਸਿਉ ਨਾਨਕ ਫਧਿਓ ਰਾਖਿ ਲੇਹੁ ਭਗਵਾਨਿ॥੩੪॥		Dhuramath Sio Naanak Fadhhiou Raakh Laehu Bhagavaan ||34||	I am engrossed in evil-mindedness, Nanak. O God, please save me! ||34||	ਨਾਨਕ ਦਾ (ਇਹ ਮਨ) ਖੋਟੀ ਮੱਤ ਨਾਲ ਚੰਬੜਿਆ ਹੀ ਰਹਿੰਦਾ ਹੈ। ਹੇ ਭਗਵਾਨ! (ਤੂੰ ਆਪ ਹੀ) ਰੱਖਿਆ ਕਰ ॥੩੪॥
60505	1428	ਬਾਲ ਜੁਆਨੀ ਅਰੁ ਬਿਰਧ ਫੁਨਿ ਤੀਨਿ ਅਵਸਥਾ ਜਾਨਿ॥		Baal Juaanee Ar Biradhh Fun Theen Avasathhaa Jaan ||	Childhood, youth and old age - know these as the three stages of life.	ਬਾਲ-ਅਵਸਥਾ, ਜੁਆਨੀ ਦੀ ਅਵਸਥਾ, ਅਤੇ ਫਿਰ ਬੁਢੇਪੇ ਦੀ ਅਵਸਥਾ-(ਉਮਰ ਦੀਆਂ ਇਹ) ਤਿੰਨ ਅਵਸਥਾ ਸਮਝ ਲੈ (ਜੋ ਮਨੁੱਖ ਤੇ ਆਉਂਦੀਆਂ ਹਨ)।

60506	1428	ਕਹੁ ਨਾਨਕ ਹਰਿ ਭਜਨ ਬਿਨੁ ਬਿਰਥਾ ਸਭ ਹੀ ਮਾਨ॥੩੫॥		Kahu Naanak Har Bhajan Bin Birathhaa Sabh Hee Maan ||35||	Says Nanak, without meditating on the Lord, everything is useless; you must appreciate this. ||35||	ਨਾਨਕ ਆਖਦਾ ਹੈ ਕਿ (ਪਰ ਇਹ) ਚੇਤੇ ਰੱਖ (ਕਿ) ਪਰਮਾਤਮਾ ਦੇ ਭਜਨ ਤੋਂ ਬਿਨਾ ਇਹ ਸਾਰੀਆਂ ਹੀ ਵਿਅਰਥ ਜਾਂਦੀਆਂ ਹਨ ॥੩੫॥
60507	1428	ਕਰਣੋ ਹੁਤੋ ਸੁ ਨਾ ਕੀਓ ਪਰਿਓ ਲੋਭ ਕੈ ਫੰਧ॥	ਹੁਤੋ ਸੀ	Karano Hutho S Naa Keeou Pariou Lobh Kai Fandhh ||	You have not done what you should have done; you are entangled in the web of greed.	(ਮਾਇਆ ਦੇ ਮੋਹ ਵਿਚ) ਅੰਨ੍ਹੇ ਹੋ ਰਹੇ ਹੇ ਮਨੁੱਖ! ਜੋ ਕੁਝ ਤੂੰ ਕਰਨਾ ਸੀ, ਉਹ ਤੂੰ ਨਾਹ ਕੀਤਾ (ਸਾਰੀ ਉਮਰ) ਤੂੰ ਲੋਭ ਦੀ ਫਾਹੀ ਵਿਚ (ਹੀ) ਫਸਿਆ ਰਿਹਾ।
60508	1428	ਨਾਨਕ ਸਮਿਓ ਰਮਿ ਗਇਓ ਅਬ ਕਿਉ ਰੋਵਤ ਅੰਧ॥੩੬॥		Naanak Samiou Ram Gaeiou Ab Kio Rovath Andhh ||36||	Nanak, your time is past and gone; why are you crying now, you blind fool? ||36||	ਹੇ ਨਾਨਕ! (ਜ਼ਿੰਦਗੀ ਦਾ ਸਾਰਾ) ਸਮਾ (ਇਸੇ ਤਰ੍ਹਾਂ ਹੀ) ਗੁਜ਼ਰ ਗਿਆ। ਹੁਣ ਕਿਉਂ ਰੋਂਦਾ ਹੈਂ? (ਹੁਣ ਪਛੁਤਾਣ ਦਾ ਕੀ ਲਾਭ?) ॥੩੬॥
60509	1428	ਮਨੁ ਮਾਇਆ ਮੈ ਰਮਿ ਰਹਿਓ ਨਿਕਸਤ ਨਾਹਿਨਿ ਮੀਤ॥	ਨਾਹਿ-ਨਿ	Man Maaeiaa Mai Ram Rehiou Nikasath Naahin Meeth ||	The mind is absorbed in Maya - it cannot escape it, my friend.	ਹੇ ਮਿੱਤਰ! ਜਿਹੜਾ ਮਨ ਮਾਇਆ (ਦੇ ਮੋਹ) ਵਿਚ ਫਸ ਜਾਂਦਾ ਹੈ, (ਉਹ ਇਸ ਮੋਹ ਵਿਚੋਂ ਆਪਣੇ ਆਪ) ਨਹੀਂ ਨਿਕਲ ਸਕਦਾ,

60510	1428	ਨਾਨਕ ਮੂਰਤਿ ਚਿਤ੍ਰ ਜਿਉ ਛਾਡਿਤ ਨਾਹਨਿ ਭੀਤ॥੩੭॥		Naanak Moorath Chithr Jio Shhaaddith Naahin Bheeth ||37||	Nanak, it is like a picture painted on the wall - it cannot leave it. ||37||	ਹੇ ਨਾਨਕ! ਜਿਵੇਂ (ਕੰਧ ਉਤੇ ਕਿਸੇ) ਮੂਰਤੀ ਦਾ ਲੀਕਿਆ ਹੋਇਆ ਰੂਪ ਕੰਧ ਨੂੰ ਨਹੀਂ ਛੱਡਦਾ ਕੰਧ ਨਾਲ ਚੰਬੜਿਆ ਰਹਿੰਦਾ ਹੈ ॥੩੭॥
60511	1428	ਨਰ ਚਾਹਤ ਕਛੁ ਅਉਰ ਅਉਰੈ ਕੀ ਅਉਰੈ ਭਈ॥		Nar Chaahath Kashh Aour Aourai Kee Aourai Bhee ||	The man wishes for something, but something different happens.	(ਮਾਇਆ ਦੇ ਮੋਹ ਵਿਚ ਫਸ ਕੇ) ਮਨੁੱਖ (ਪ੍ਰਭੂ-ਸਿਮਰਨ ਦੇ ਥਾਂ) ਕੁਝ ਹੋਰ ਹੀ (ਭਾਵ, ਮਾਇਆ ਹੀ ਮਾਇਆ) ਮੰਗਦਾ ਰਹਿੰਦਾ ਹੈ। (ਪਰ ਕਰਤਾਰ ਦੀ ਰਜ਼ਾ ਵਿਚ) ਹੋਰ ਦੀ ਹੋਰ ਹੋ ਜਾਂਦੀ ਹੈ।
60512	1428	ਚਿਤਵਤ ਰਹਿਓ ਠਗਉਰ ਨਾਨਕ ਫਾਸੀ ਗਲਿ ਪਰੀ॥੩੮॥	ਠ-ਗਉਰ	Chithavath Rehiou Thagour Naanak Faasee Gal Paree ||38||	He plots to deceive others, O Nanak, but he places the noose around his own neck instead. ||38||	ਹੇ ਨਾਨਕ! (ਮਨੁੱਖ ਹੋਰਨਾਂ ਨੂੰ) ਠੱਗਣ ਦੀਆਂ ਸੋਚਾਂ ਸੋਚਦਾ ਹੈ (ਉਤੋਂ ਮੌਤ ਦੀ) ਫਾਹੀ ਗਲ ਵਿਚ ਆ ਪੈਂਦੀ ਹੈ ॥੩੮॥
60513	1428	ਜਤਨ ਬਹੁਤ ਸੁਖ ਕੇ ਕੀਏ ਦੁਖ ਕੋ ਕੀਓ ਨ ਕੋਇ॥		Jathan Bahuth Sukh Kae Keeeae Dhukh Ko Keeou N Koe ||	People make all sorts of efforts to find peace and pleasure, but no one tries to earn pain.	(ਜੀਵ ਭਾਵੇਂ) ਸੁਖਾਂ (ਦੀ ਪ੍ਰਾਪਤੀ) ਵਾਸਤੇ ਅਨੇਕਾਂ ਜਤਨ ਕਰਦਾ ਰਹਿੰਦਾ ਹੈ, ਅਤੇ ਦੁੱਖਾਂ ਵਾਸਤੇ ਜਤਨ ਨਹੀਂ ਕਰਦਾ (ਪਰ ਫਿਰ ਭੀ ਰਜ਼ਾ ਅਨੁਸਾਰ ਦੁਖ ਭੀ ਆ ਹੀ ਪੈਂਦੇ ਹਨ। ਸੁਖ ਭੀ ਤਦੋਂ ਹੀ ਮਿਲਦਾ ਹੈ ਜਦੋਂ ਪ੍ਰਭੂ ਦੀ ਰਜ਼ਾ ਹੋਵੇ)

60514	1428	ਕਹੁ ਨਾਨਕ ਸੁਨ ਰੇ ਮਨਾ ਹਰਿ ਭਾਵੈ ਸੋ ਹੋਇ॥੩੯॥		Kahu Naanak Sun Rae Manaa Har Bhaavai So Hoe ||39||	Says Nanak, listen, mind: whatever pleases God comes to pass. ||39||	ਨਾਨਕ ਆਖਦਾ ਹੈ- ਹੇ ਮਨ! ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ (ਜ਼ਰੂਰ) ਉਹ (ਹੀ) ਹੁੰਦਾ ਹੈ ॥੩੯॥
60515	1428	ਜਗਤੁ ਭਿਖਾਰੀ ਫਿਰਤੁ ਹੈ ਸਭ ਕੋ ਦਾਤਾ ਰਾਮ॥	ਜੱਗਤੁ	Jagath Bhikhaaree Firath Hai Sabh Ko Dhaathaa Raam ||	The world wanders around begging, but the Lord is the Giver of all.	ਜਗਤ ਮੰਗਤਾ (ਹੋ ਕੇ) ਭਟਕਦਾ ਫਿਰਦਾ ਹੈ (ਇਹ ਚੇਤਾ ਨਹੀਂ ਰੱਖਦਾ ਕਿ) ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਪਰਮਾਤਮਾ ਆਪ ਹੈ।
60516	1428	ਕਹੁ ਨਾਨਕ ਮਨ ਸਿਮਰੁ ਤਿਹ ਪੂਰਨ ਹੋਵਹਿ ਕਾਮ॥੪੦॥		Kahu Naanak Man Simar Thih Pooran Hovehi Kaam ||40||	Says Nanak, meditate in remembrance on Him, and all your works will be successful. ||40||	ਨਾਨਕ ਆਖਦਾ ਹੈ- ਹੇ ਮਨ! ਉਸ ਦਾਤਾਰ ਪ੍ਰਭੂ ਦਾ ਸਿਮਰਨ ਕਰਦਾ ਰਿਹਾ ਕਰ, ਤੇਰੇ ਸਾਰੇ ਕੰਮ ਸਫਲ ਹੁੰਦੇ ਰਹਿਣਗੇ ॥੪੦॥
60517	1428	ਝੂਠੈ ਮਾਨੁ ਕਹਾ ਕਰੈ ਜਗੁ ਸੁਪਨੇ ਜਿਉ ਜਾਨ॥		Jhoothai Maan Kehaa Karai Jag Supanae Jio Jaan ||	Why do you take such false pride in yourself? You must know that the world is just a dream.	(ਪਤਾ ਨਹੀਂ ਮਨੁੱਖ) ਨਾਸਵੰਤ ਦੁਨੀਆ ਦਾ ਮਾਨ ਕਿਉਂ ਕਰਦਾ ਰਹਿੰਦਾ ਹੈ।` ਜਗਤ ਨੂੰ ਸੁਪਨੇ (ਵਿਚ ਵੇਖੇ ਪਦਾਰਥਾਂ) ਵਾਂਗ (ਹੀ) ਸਮਝ ਰੱਖ।
60518	1428	ਇਨ ਮੈ ਕਛੁ ਤੇਰੋ ਨਹੀ ਨਾਨਕ ਕਹਿਓ ਬਖਾਨ॥੪੧॥		Ein Mai Kashh Thaero Nehee Naanak Kehiou Bakhaan ||41||	None of this is yours; Nanak proclaims this truth. ||41||	(ਹੇ ਭਾਈ!) (ਮੈਂ) ਨਾਨਕ ਤੈਨੂੰ ਠੀਕ ਦੱਸ ਰਿਹਾ ਹਾਂ ਕਿ ਇਹਨਾਂ (ਦਿੱਸਦੇ ਪਦਾਰਥਾਂ) ਵਿਚ ਤੇਰਾ (ਅਸਲ ਸਾਥੀ) ਕੋਈ ਭੀ ਪਦਾਰਥ ਨਹੀਂ ਹੈ ॥੪੧॥

60519	1428	ਗਰਬੁ ਕਰਤੁ ਹੈ ਦੇਹ ਕੋ ਬਿਨਸੈ ਛਿਨ ਮੈ ਮੀਤਿ॥		Garab Karath Hai Dhaeh Ko Binasai Shhin Mai Meeth ||	You are so proud of your body; it shall perish in an instant, my friend.	ਹੇ ਮਿੱਤਰ! (ਜਿਸ) ਸਰੀਰ ਦਾ (ਮਨੁੱਖ ਸਦਾ) ਮਾਣ ਕਰਦਾ ਰਹਿੰਦਾ ਹੈ (ਕਿ ਇਹ ਮੇਰਾ ਆਪਣਾ ਹੈ, ਉਹ ਸਰੀਰ) ਇਕ ਛਿਨ ਵਿਚ ਹੀ ਨਾਸ ਹੋ ਜਾਂਦਾ ਹੈ। (ਹੋਰ ਪਦਾਰਥ ਦਾ ਮੋਹ ਤਾਂ ਕਿਤੇ ਰਿਹਾ, ਆਪਣੇ ਇਸ ਸਰੀਰ ਦਾ ਮੋਹ ਭੀ ਝੂਠਾ ਹੀ ਹੈ)।
60520	1428	ਜਿਹਿ ਪ੍ਰਾਨੀ ਹਰਿ ਜਸੁ ਕਹਿਓ ਨਾਨਕ ਤਿਹਿ ਜਗੁ ਜੀਤਿ॥੪੨॥		Jihi Praanee Har Jas Kehiou Naanak Thihi Jag Jeeth ||42||	That mortal who chants the Praises of the Lord, O Nanak, conquers the world. ||42||	ਹੇ ਨਾਨਕ! ਜਿਸ ਮਨੁੱਖ ਨੇ ਪਰਮਾਤਮਾ ਦੀ ਸਿਫ਼ਤ-ਸਾਲਾਹ ਕਰਨੀ ਸ਼ੁਰੂ ਕਰ ਦਿੱਤੀ, ਉਸ ਨੇ ਜਗਤ (ਦੇ ਮੋਹ) ਨੂੰ ਜਿੱਤ ਲਿਆ ॥੪੨॥
60521	1428	ਜਿਹ ਘਟਿ ਸਿਮਰਨੁ ਰਾਮ ਕੋ ਸੋ ਨਰੁ ਮੁਕਤਾ ਜਾਨੁ॥		Jih Ghatt Simaran Raam Ko So Nar Mukathaa Jaan ||	That person, who meditates in remembrance on the Lord in his heart, is liberated - know this well.	ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਸਿਮਰਨ (ਟਿਕਿਆ ਰਹਿੰਦਾ ਹੈ) ਉਸ ਮਨੁੱਖ ਨੂੰ (ਮੋਹ ਦੇ ਜਾਲ ਤੋਂ) ਬਚਿਆ ਹੋਇਆ ਸਮਝ।
60522	1428	ਤਿਹਿ ਨਰ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ॥੪੩॥		Thihi Nar Har Anthar Nehee Naanak Saachee Maan ||43||	There is no difference between that person and the Lord: O Nanak, accept this as the Truth. ||43||	ਹੇ ਨਾਨਕ! ਇਹ ਗੱਲ ਠੀਕ ਮੰਨ ਕਿ ਉਸ ਮਨੁੱਖ ਅਤੇ ਪਰਮਾਤਮਾ ਵਿਚ ਕੋਈ ਫ਼ਰਕ ਨਹੀਂ ॥੪੩॥

60523	1428	ੲੇਕ ਭਗਤਿ ਭਗਵਾਨ ਜਿਹ ਪ੍ਰਾਨੀ ਕੈ ਨਾਹਿ ਮਨ॥		Eaek Bhagath Bhagavaan Jih Praanee Kai Naahi Man ||	That person, who does not feel devotion to God in his mind	ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦੀ ਭਗਤੀ ਨਹੀਂ ਹੈ,
60524	1428	ਜੈਸੇ ਸੂਕਰੁ ਸੁਆਨ ਨਾਨਕ ਮਾਨੋ ਤਾਹਿ ਤਨ॥੪੪॥		Jaisae Sookar Suaan Naanak Maano Thaahi Than ||44||	- O Nanak, know that his body is like that of a pig, or a dog. ||44||	ਹੇ ਨਾਨਕ! ਉਸ ਦਾ ਸਰੀਰ ਉਹੋ ਜਿਹਾ ਹੀ ਸਮਝ ਜਿਹੋ ਜਿਹਾ (ਕਿਸੇ) ਸੂਰ ਦਾ ਸਰੀਰ ਹੈ (ਜਾਂ ਕਿਸੇ) ਕੁੱਤੇ ਦਾ ਸਰੀਰ ਹੈ ॥੪੪॥
60525	1428	ਸੁਆਮੀ ਕੋ ਗ੍ਰਿਹੁ ਜਿਉ ਸਦਾ ਸੁਆਨ ਤਜਤ ਨਹੀ ਨਿਤ॥	ਤਜਤ: ਪੋਲਾ ਬੋਲੋ	Suaamee Ko Grihu Jio Sadhaa Suaan Thajath Nehee Nith ||	A dog never abandons the home of his master.	ਜਿਵੇਂ ਕੁੱਤਾ (ਆਪਣੇ) ਮਾਲਕ ਦਾ ਘਰ (ਘਰ ਦਾ ਬੂਹਾ) ਸਦਾ (ਮੱਲੀ ਰੱਖਦਾ ਹੈ) ਕਦੇ ਭੀ ਛੱਡਦਾ ਨਹੀਂ ਹੈ,
60526	1428	ਨਾਨਕ ਇਹ ਬਿਧਿ ਹਰਿ ਭਜਉ ਇਕ ਮਨ ਹੁਇ ਇਕਿ ਚਿਤ॥੪੫॥		Naanak Eih Bidhh Har Bhajo Eik Man Hue Eik Chith ||45||	O Nanak, in just the same way, vibrate, and meditate on the Lord, single-mindedly, with one-pointed consciousness. ||45||	ਹੇ ਨਾਨਕ! ਇਸੇ ਤਰੀਕੇ ਨਾਲ ਇਕ-ਮਨ ਹੋ ਕੇ ਇਕ-ਚਿੱਤ ਹੋ ਕੇ ਪਰਮਾਤਮਾ ਦਾ ਭਜਨ ਕਰਿਆ ਕਰੋ (ਕਿ ਉਸ ਦਾ ਦਰ ਕਦੇ ਛੱਡਿਆ ਹੀ ਨਾਹ ਜਾਏ) ॥੪੫॥

60527	1428	ਤੀਰਥ ਬਰਤ ਅਰੁ ਦਾਨ ਕਰਿ ਮਨ ਮੈ ਧਰੈ ਗੁਮਾਨੁ॥		Theerathh Barath Ar Dhaan Kar Man Mai Dhharai Gumaan ||	Those who make pilgrimages to sacred shrines, observe ritualistic fasts and make donations to charity while still taking pride in their minds	(ਪਰਮਾਤਮਾ ਦਾ ਭਜਨ ਛੱਡ ਕੇ ਮਨੁੱਖ) ਤੀਰਥ-ਇਸ਼ਨਾਨ ਕਰ ਕੇ ਵਰਤ ਰੱਖ ਕੇ, ਦਾਨ-ਪੁੰਨ ਕਰ ਕੇ (ਆਪਣੇ) ਮਨ ਵਿਚ ਅਹੰਕਾਰ ਕਰਦਾ ਹੈ (ਕਿ ਮੈਂ ਧਰਮੀ ਬਣ ਗਿਆ ਹਾਂ)
60528	1428	ਨਾਨਕ ਨਿਹਫਲ ਜਾਤ ਤਿਹ ਜਿਉ ਕੁੰਚਰ ਇਸਨਾਨੁ॥੪੬॥		Naanak Nihafal Jaath Thih Jio Kunchar Eisanaan ||46||	- O Nanak, their actions are useless, like the elephant, who takes a bath, and then rolls in the dust. ||46||	(ਪਰ) ਹੇ ਨਾਨਕ! ਉਸ ਦੇ (ਇਹ ਸਾਰੇ ਕੀਤੇ ਹੋਏ ਕਰਮ ਇਉਂ) ਵਿਅਰਥ (ਚਲੇ ਜਾਂਦੇ ਹਨ) ਜਿਵੇਂ ਹਾਥੀ ਦਾ (ਦਾ ਕੀਤਾ ਹੋਇਆ) ਇਸ਼ਨਾਨ। (ਨੋਟ: ਹਾਥੀ ਨ੍ਹਾ ਕੇ ਸੁਆਹ ਮਿੱਟੀ ਆਪਣੇ ਉੱਤੇ ਪਾ ਲੈਂਦਾ ਹੈ) ॥੪੬॥
60529	1428	ਸਿਰੁ ਕੰਪਿਓ ਪਗ ਡਗਮਗੈ ਨੈਨ ਜੋਤਿ ਤੇ ਹੀਨ॥	ਪਗ ਡਗਮਗੈ: ਪੋਲੇ ਬੋਲੋ	Sir Kanpiou Pag Ddagamagae Nain Joth Thae Heen ||	The head shakes, the feet stagger, and the eyes become dull and weak.	(ਬੁਢੇਪਾ ਆ ਜਾਣ ਤੇ ਮਨੁੱਖ ਦਾ) ਸਿਰ ਕੰਬਣ ਲੱਗ ਪੈਂਦਾ ਹੈ (ਤੁਰਦਿਆਂ) ਪੈਰ ਥਿੜਕਦੇ ਹਨ, ਅੱਖਾਂ ਦੀ ਜੋਤਿ ਮਾਰੀ ਜਾਂਦੀ ਹੈ,
60530	1428	ਕਹੁ ਨਾਨਕ ਇਹ ਬਿਧਿ ਭਈ ਤਊ ਨ ਹਰਿ ਰਸ ਲੀਨ॥੪੭॥	ਬਿਧਿ: ਪੋਲਾ ਬੋਲੋ	Kahu Naanak Eih Bidhh Bhee Thoo N Har Ras Leen ||47||	Says Nanak, this is your condition. And even now, you have not savored the sublime essence of the Lord. ||47||	ਨਾਨਕ ਆਖਦਾ ਹੈ- (ਬੁਢੇਪੇ ਨਾਲ ਸਰੀਰ ਦੀ) ਇਹ ਹਾਲਤ ਹੋ ਜਾਂਦੀ ਹੈ, ਫਿਰ ਭੀ (ਮਾਇਆ ਦਾ ਮੋਹ ਇਤਨਾ ਪ੍ਰਬਲ ਹੁੰਦਾ ਹੈ ਕਿ ਮਨੁੱਖ) ਪਰਮਾਤਮਾ ਦੇ ਨਾਮ ਦੇ ਸੁਆਦ ਵਿਚ ਮਗਨ ਨਹੀਂ ਹੁੰਦਾ ॥੪੭॥

60531	1429	ਨਿਜ ਕਰਿ ਦੇਖਿਓ ਜਗਤੁ ਮੈ ਕੋ ਕਾਹੂ ਕੋ ਨਾਹਿ॥	ਨਿੱਜ। ਜੱਗਤੁ	Nij Kar Dhaekhiou Jagath Mai Ko Kaahoo Ko Naahi ||	I had looked upon the world as my own, but no one belongs to anyone else.	ਮੈਂ ਜਗਤ ਨੂੰ ਆਪਣਾ ਸਮਝ ਕੇ (ਹੀ ਹੁਣ ਤਕ) ਵੇਖਦਾ ਰਿਹਾ, (ਪਰ ਇਥੇ ਤਾਂ) ਕੋਈ ਕਿਸੇ ਦਾ ਭੀ (ਸਦਾ ਲਈ ਆਪਣਾ) ਨਹੀਂ ਹੈ।
60532	1429	ਨਾਨਕ ਥਿਰੁ ਹਰਿ ਭਗਤਿ ਹੈ ਤਿਹ ਰਾਖੋ ਮਨ ਮਾਹਿ ॥੪੮॥		Naanak Thhir Har Bhagath Hai Thih Raakho Man Maahi ||48||	O Nanak, only devotional worship of the Lord is permanent; enshrine this in your mind. ||48||	ਹੇ ਨਾਨਕ! ਸਦਾ ਕਾਇਮ ਰਹਿਣ ਵਾਲੀ ਤਾਂ ਪਰਮਾਤਮਾ ਦੀ ਭਗਤੀ (ਹੀ) ਹੈ। ਇਸ (ਭਗਤੀ) ਨੂੰ (ਆਪਣੇ) ਮਨ ਵਿਚ ਪ੍ਰੋ ਰੱਖ ॥੪੮॥
60533	1429	ਜਗ ਰਚਨਾ ਸਭ ਝੂਠ ਹੈ ਜਾਨਿ ਲੇਹੁ ਰੇ ਮੀਤ॥		Jag Rachanaa Sabh Jhooth Hai Jaan Laehu Rae Meeth ||	The world and its affairs are totally false; know this well, my friend.	ਹੇ ਮਿੱਤਰ! ਇਹ ਗੱਲ ਸੱਚੀ ਜਾਣ ਕਿ ਜਗਤ ਦੀ ਸਾਰੀ ਹੀ ਰਚਨਾ ਨਾਸਵੰਤ ਹੈ।
60534	1429	ਕਹਿ ਨਾਨਕ ਥਿਰੁ ਨਾ ਰਹੈ ਜਿਉ ਬਾਲੂ ਕੀ ਭੀਤ॥੪੯॥		Kehi Naanak Thhir Naa Rehai Jio Baaloo Kee Bheeth ||49||	Says Nanak, it is like a wall of sand; it shall not endure. ||49||	ਨਾਨਕ ਆਖਦਾ ਹੈ ਕਿ ਰੇਤ ਦੀ ਕੰਧ ਵਾਂਗ (ਜਗਤ ਵਿਚ) ਕੋਈ ਭੀ ਚੀਜ਼ ਸਦਾ ਕਾਇਮ ਰਹਿਣ ਵਾਲੀ ਨਹੀਂ ਹੈ ॥੪੯॥
60535	1429	ਰਾਮ ਗਇਓ ਰਾਵਨੁ ਗਇਓ ਜਾ ਕਉ ਬਹੁ ਪਰਵਾਰ॥		Raam Gaeiou Raavan Gaeiou Jaa Ko Bahu Paravaar ||	Raam Chand passed away, as did Raawan, even though he had lots of relatives.	(ਦੇਖ! ਸ੍ਰੀ) ਰਾਮ (-ਚੰਦ੍ਰ) ਕੂਚ ਕਰ ਗਿਆ, ਰਾਵਨ ਭੀ ਚੱਲ ਵੱਸਿਆ ਜਿਸ ਨੂੰ ਵੱਡੇ ਪਰਵਾਰ ਵਾਲਾ ਕਿਹਾ ਜਾਂਦਾ ਹੈ।

60536	1429	ਕਹੁ ਨਾਨਕ ਥਿਰੁ ਕਛੁ ਨਹੀ ਸੁਪਨੇ ਜਿਉ ਸੰਸਾਰਿ॥੫੦॥		Kahu Naanak Thhir Kashh Nehee Supanae Jio Sansaar ||50||	Says Nanak, nothing lasts forever; the world is like a dream. ||50||	ਨਾਨਕ ਆਖਦਾ ਹੈ- (ਇਥੇ) ਕੋਈ ਭੀ ਸਦਾ ਕਾਇਮ ਰਹਿਣ ਵਾਲਾ ਪਦਾਰਥ ਨਹੀਂ ਹੈ। (ਇਹ) ਜਗਤ ਸੁਪਨੇ ਵਰਗਾ (ਹੀ) ਹੈ ॥੫੦॥
60537	1429	ਚਿੰਤਾ ਤਾ ਕੀ ਕੀਜੀਐ ਜੋ ਅਨਹੋਨੀ ਹੋਇ॥		Chinthaa Thaa Kee Keejeeai Jo Anehonee Hoe ||	People become anxious, when something unexpected happens.	(ਮੌਤ ਆਦਿਕ ਤਾਂ) ਉਸ (ਘਟਨਾ) ਦੀ ਚਿੰਤਾ ਕਰਨੀ ਚਾਹੀਦੀ ਹੈ ਜਿਹੜੀ ਕਦੇ ਵਾਪਰਨ ਵਾਲੀ ਨਾਹ ਹੋਵੇ।
60538	1429	ਇਹ ਮਾਰਗੁ ਸੰਸਾਰ ਕੋ ਨਾਨਕ ਥਿਰੁ ਨਹੀ ਕੋਇ॥੫੧॥		Eihu Maarag Sansaar Ko Naanak Thhir Nehee Koe ||51||	This is the way of the world, O Nanak; nothing is stable or permanent. ||51||	ਹੇ ਨਾਨਕ! ਜਗਤ ਦੀ ਤਾਂ ਚਾਲ ਹੀ ਇਹ ਹੈ ਕਿ (ਇਥੇ) ਕੋਈ ਜੀਵ (ਭੀ) ਸਦਾ ਕਾਇਮ ਰਹਿਣ ਵਾਲਾ ਨਹੀਂ ਹੈ ॥੫੧॥
60539	1429	ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੇ ਕਾਲ॥		Jo Oupajiou So Binas Hai Paro Aaj Kai Kaal ||	Whatever has been created shall be destroyed; everyone shall perish, today or tomorrow.	(ਜਗਤ ਵਿਚ ਤਾਂ) ਜਿਹੜਾ ਭੀ ਜੰਮਿਆ ਹੈ ਉਹ (ਜ਼ਰੂਰ) ਨਾਸ ਹੋ ਜਾਇਗਾ (ਹਰ ਕੋਈ ਇਥੋਂ) ਅੱਜ ਜਾਂ ਭਲਕੇ ਕੂਚ ਕਰ ਜਾਣ ਵਾਲਾ ਹੈ।
60540	1429	ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ॥੫੨॥		Naanak Har Gun Gaae Lae Shhaadd Sagal Janjaal ||52||	O Nanak, sing the Glorious Praises of the Lord, and give up all other entanglements. ||52||	ਹੇ ਨਾਨਕ! (ਇਸ ਵਾਸਤੇ ਮਾਇਆ ਦੇ ਮੋਹ ਦੀਆਂ) ਸਾਰੀਆਂ ਫਾਹੀਆਂ ਲਾਹ ਕੇ ਪਰਮਾਤਮਾ ਦੇ ਗੁਣ ਗਾਇਆ ਕਰ ॥੫੨॥
60541	1429	ਦੋਹਰਾ॥		Dhoharaa ||	Dohraa:	

60542	1429	ਬਲੁ ਛੁਟਕਿਓ ਬੰਧਨ ਪਰੇ ਕਛੂ ਨ ਹੋਤ ਉਪਾਇ॥		Bal Shhuttakiou Bandhhan Parae Kashhoo N Hoth Oupaae ||	My strength is exhausted, and I am in bondage; I cannot do anything at all.	(ਪ੍ਰਭੂ ਦੇ ਨਾਮ ਤੋਂ ਵਿੱਛੁੜ ਕੇ ਜਦੋਂ ਮਾਇਆ ਦੇ ਮੋਹ ਦੀਆਂ) ਫਾਹੀਆਂ (ਮਨੁੱਖ ਨੂੰ) ਆ ਪੈਂਦੀਆਂ ਹਨ (ਉਹਨਾਂ ਫਾਹੀਆਂ ਨੂੰ ਕੱਟਣ ਲਈ ਮਨੁੱਖ ਦੇ ਅੰਦਰੋਂ ਆਤਮਕ) ਤਾਕਤ ਮੁੱਕ ਜਾਂਦੀ ਹੈ (ਮਾਇਆ ਦਾ ਟਾਕਰਾ ਕਰਨ ਲਈ ਮਨੁੱਖ ਪਾਸੋਂ) ਕੋਈ ਭੀ ਹੀਲਾ ਨਹੀਂ ਕੀਤਾ ਜਾ ਸਕਦਾ।
60543	1429	ਕਹੁ ਨਾਨਕ ਅਬ ਓਟ ਹਰਿ ਗਜਿ ਜਿਉ ਹੋਹੁ ਸਹਾਇ॥੫੩॥	ਗਜਿ: ਪੋਲਾ ਬੋਲੋ	Kahu Naanak Ab Outt Har Gaj Jio Hohu Sehaae ||53||	Says Nanak, now, the Lord is my Support; He will help me, as He did the elephant. ||53||	ਨਾਨਕ ਆਖਦਾ ਹੈ- ਹੇ ਹਰੀ! ਇਹੋ ਜਿਹੇ ਵੇਲੇ (ਹੁਣ) ਤੇਰਾ ਹੀ ਆਸਰਾ ਹੈ। ਜਿਵੇਂ ਤੂੰ (ਤੇਂਦੂਏ ਤੋਂ ਛੁਡਾਣ ਲਈ) ਹਾਥੀ ਦਾ ਸਹਾਈ ਬਣਿਆ, ਤਿਵੇਂ ਸਹਾਈ ਬਣ। (ਭਾਵ, ਮਾਇਆ ਦੇ ਮੋਹ ਦੇ ਬੰਧਨਾਂ ਤੋਂ ਖ਼ਲਾਸੀ ਹਾਸਲ ਕਰਨ ਲਈ ਪਰਮਾਤਮਾ ਦੇ ਦਰ ਤੇ ਅਰਦਾਸ ਹੀ ਇਕੋ ਇਕ ਵਸੀਲਾ ਹੈ) ॥੫੩॥

60544	1429	ਬਲੁ ਹੋਆ ਬੰਧਨ ਛੁਟੇ ਸਭ ਕਿਛੁ ਹੋਤ ਉਪਾਇ॥		Bal Hoaa Bandhhan Shhuttae Sabh Kishh Hoth Oupaae ||	My strength has been restored, and my bonds have been broken; now, I can do everything.	(ਜਦੋਂ ਮਨੁੱਖ ਪ੍ਰਭੂ ਦੇ ਦਰ ਤੇ ਡਿੱਗਦਾ ਹੈ, ਤਾਂ ਮਾਇਆ ਦਾ ਟਾਕਰਾ ਕਰਨ ਲਈ ਉਸ ਦੇ ਅੰਦਰ ਆਤਮਕ) ਬਲ ਪੈਦਾ ਹੋ ਜਾਂਦਾ ਹੈ (ਮਾਇਆ ਦੇ ਮੋਹ ਦੇ) ਬੰਧਨ ਟੁੱਟ ਜਾਂਦੇ ਹਨ (ਮੋਹ ਦਾ ਟਾਕਰਾ ਕਰਨ ਲਈ) ਹਰੇਕ ਹੀਲਾ ਸਫਲ ਹੋ ਸਕਦਾ ਹੈ।
60545	1429	ਨਾਨਕ ਸਭ ਕਿਛੁ ਤੁਮਰੈ ਹਾਥ ਮੈ ਤੁਮ ਹੀ ਹੋਤ ਸਹਾਇ॥੫੪॥		Naanak Sabh Kishh Thumarai Haathh Mai Thum Hee Hoth Sehaae ||54||	Nanak: everything is in Your hands, Lord; You are my Helper and Support. ||54||	ਸੋ, ਹੇ ਨਾਨਕ ਆਖਦਾ ਹੈ- (ਹੇ ਪ੍ਰਭੂ!) ਸਭ ਕੁਝ ਤੇਰੇ ਹੱਥ ਵਿਚ ਹੈ (ਤੇਰੀ ਪੈਦਾ ਕੀਤੀ ਮਾਇਆ ਭੀ ਤੇਰੇ ਹੀ ਅਧੀਨ ਹੈ, ਇਸ ਤੋਂ ਬਚਣ ਲਈ) ਤੂੰ ਹੀ ਮਦਦਗਾਰ ਹੋ ਸਕਦਾ ਹੈਂ ॥੫੪॥
60546	1429	ਸੰਗ ਸਖਾ ਸਭ ਤਜਿ ਗਏ ਕੋਊ ਨ ਨਿਬਹਿਓ ਸਾਥ॥		Sang Sakhaa Sabh Thaj Geae Kooo N Nibehiou Saathh ||	My associates and companions have all deserted me; no one remains with me.	(ਜਦੋਂ ਅੰਤ ਵੇਲੇ) ਸਾਰੇ ਸਾਥੀ ਸੰਗੀ ਛੱਡ ਜਾਂਦੇ ਹਨ, ਜਦੋਂ ਕੋਈ ਭੀ ਸਾਥ ਨਹੀਂ ਨਿਬਾਹ ਸਕਦਾ,
60547	1429	ਕਹੁ ਨਾਨਕ ਇਹ ਬਿਪਤ ਮੈ ਟੇਕ ਏਕ ਰਘਨਾਥ॥੫੫॥	(ਬਿਪਤ) ਤਕਲੀਫ਼। (ਰਘਨਾਥ) ਰਾਮ	Kahu Naanak Eih Bipath Mai Ttaek Eaek Raghunaathh ||55||	Says Nanak, in this tragedy, the Lord alone is my Support. ||55||	ਨਾਨਕ ਆਖਦਾ ਹੈ- ਉਸ (ਇਕੱਲੇ-ਪਨ ਦੀ) ਮੁਸੀਬਤ ਵੇਲੇ ਭੀ ਸਿਰਫ਼ ਪਰਮਾਤਮਾ ਦਾ ਹੀ ਸਹਾਰਾ ਹੁੰਦਾ ਹੈ (ਸੋ, ਸਦਾ ਪਰਮਾਤਮਾ ਦਾ ਨਾਮ ਸਿਮਰਿਆ ਕਰੋ) ॥੫੫॥

60548	1429	ਨਾਮੁ ਰਹਿਓ ਸਾਧੂ ਰਹਿਓ ਰਹਿਓ ਗੁਰ ਗੋਬਿੰਦ॥		Naam Rehiou Saadhhoo Rehiou Rehiou Gur Gobindh ||	The Naam remains; the Holy Saints remain; the Guru, the Lord of the Universe, remains.	(ਅੰਤ ਵੇਲੇ ਭੀ ਪਰਮਾਤਮਾ ਦਾ) ਨਾਮ (ਜੀਵ ਦੇ ਨਾਲ) ਰਹਿੰਦਾ ਹੈ, (ਬਾਣੀ ਦੇ ਰੂਪ ਵਿਚ) ਗੁਰੂ ਉਸ ਦੇ ਨਾਲ ਰਹਿੰਦਾ ਹੈ, ਅਕਾਲ ਪੁਰਖ ਉਸ ਦੇ ਨਾਲ ਹੈ,
60549	1429	ਕਹੁ ਨਾਨਕ ਇਹ ਜਗਤ ਮੈ ਕਿਨ ਜਪਿਓ ਗੁਰ ਮੰਤੁ॥੫੬॥		Kahu Naanak Eih Jagath Mai Kin Japiou Gur Manth ||56||	Says Nanak, how rare are those who chant the Guru's Mantra in this world. ||56||	ਨਾਨਕ ਆਖਦਾ ਹੈ- ਇਸ ਦੁਨੀਆ ਵਿਚ ਜਿਸ ਕਿਸੇ (ਮਨੁੱਖ) ਨੇ (ਹਰਿ ਨਾਮ ਸਿਮਰਨ ਵਾਲਾ) ਗੁਰੂ ਦਾ ਉਪਦੇਸ਼ ਆਪਣੇ ਅੰਦਰ ਸਦਾ ਵਸਾਇਆ ਹੈ (ਤੇ ਨਾਮ ਜਪਿਆ ਹੈ (ਉਸ ਦੇ ਅੰਤ ਵੇਲੇ ਇਹ ਸਹਾਈ ਬਣਦੇ ਹਨ) ॥੫੬॥
60550	1429	ਰਾਮ ਨਾਮੁ ਉਰਿ ਮੈ ਗਹਿਓ ਜਾ ਕੈ ਸਮ ਨਹੀ ਕੋਇ॥		Raam Naam Our Mai Gehiou Jaa Kai Sam Nehee Koe ||	I have enshrined the Lord's Name within my heart; there is nothing equal to it.	ਹੇ ਪ੍ਰਭੂ! ਜਿਸ ਮਨੁੱਖ ਨੇ ਤੇਰਾ ਉਹ ਨਾਮ ਆਪਣੇ ਹਿਰਦੇ ਵਿਚ ਵਸਾਇਆ ਹੈ ਜਿਸ ਦੇ ਬਰਾਬਰ ਦਾ ਹੋਰ ਕੋਈ ਨਹੀਂ,
60551	1429	ਜਿਹ ਸਿਮਰਤ ਸੰਕਟ ਮਿਟੈ ਦਰਸੁ ਤੁਹਾਰੋ ਹੋਇ॥੫੭॥੧॥		Jih Simarath Sankatt Mittai Dharas Thuhaaro Hoe ||57||1||	Meditating in remembrance on it, my troubles are taken away; I have received the Blessed Vision of Your Darshan. ||57||1||	ਅਤੇ ਜਿਸ ਨੂੰ ਸਿਮਰਿਆਂ ਹਰੇਕ ਦੁੱਖ-ਕਲੇਸ਼ ਦੂਰ ਹੋ ਜਾਂਦਾ ਹੈ, ਉਸ ਮਨੁੱਖ ਨੂੰ ਤੇਰਾ ਦਰਸ਼ਨ ਭੀ ਹੋ ਜਾਂਦਾ ਹੈ ॥੫੭॥੧॥
60552	1429	ਮੁੰਦਾਵਣੀ ਮਹਲਾ ੫॥	(ਮੁੰਦਾਵਣੀ) ਬੁੱਝਾਰਤ	Mundhaavanee Mehalaa 5 ||	Mundaavanee, Fifth Mehl:	

60553	1429	ਥਾਲ ਵਿਚਿ ਤਿੰਨਿ ਵਸਤੂ ਪਈਓ ਸਤੁ ਸੰਤੋਖੁ ਵੀਚਾਰੋ॥		Thhaal Vich Thinn Vasathoo Peeou Sath Santhokh Veechaaro ||	Upon this Plate, three things have been placed: Truth, Contentment and Contemplation.	(ਉਸ ਮਨੁੱਖ ਦੇ ਹਿਰਦੇ-) ਥਾਲ ਵਿਚ ਉੱਚਾ ਆਚਰਨ, ਸੰਤੋਖ ਅਤੇ ਆਤਮਕ ਜੀਵਨ ਦੀ ਸੂਝ- ਇਹ ਤਿੰਨ ਵਸਤੂਆਂ ਟਿਕੀਆਂ ਰਹਿੰਦੀਆਂ ਹਨ,
60554	1429	ਅੰਮ੍ਰਿਤ ਨਾਮੁ ਠਾਕੁਰ ਕਾ ਪਇਓ ਜਿਸ ਕਾ ਸਭਸੁ ਅਧਾਰੋ॥		Anmrith Naam Thaakur Kaa Paeiou Jis Kaa Sabhas Adhhaaro ||	The Ambrosial Nectar of the Naam, the Name of our Lord and Master, has been placed upon it as well; it is the Support of all.	(ਜਿਸ ਮਨੁੱਖ ਦੇ ਹਿਰਦੇ-ਥਾਲ ਵਿਚ) ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਆ ਵੱਸਦਾ ਹੈ (ਇਹ 'ਅੰਮ੍ਰਿਤ ਨਾਮੁ' ਐਸਾ ਹੈ) ਕਿ ਇਸ ਦਾ ਆਸਰਾ ਹਰੇਕ ਜੀਵ ਲਈ (ਜ਼ਰੂਰੀ) ਹੈ।
60555	1429	ਜੇ ਕੋ ਖਾਵੈ ਜੇ ਕੋ ਭੁੰਚੈ ਤਿਸ ਕਾ ਹੋਇ ਉਧਾਰੋ॥		Jae Ko Khaavai Jae Ko Bhunchai This Kaa Hoe Oudhhaaro ||	One who eats it and enjoys it shall be saved.	(ਇਸ ਆਤਮਕ ਭੋਜਨ ਨੂੰ) ਜੇ ਕੋਈ ਮਨੁੱਖ ਸਦਾ ਖਾਂਦਾ ਰਹਿੰਦਾ ਹੈ, ਤਾਂ ਉਸ ਮਨੁੱਖ ਦਾ ਵਿਕਾਰਾਂ ਤੋਂ ਬਚਾਉ ਹੋ ਜਾਂਦਾ ਹੈ।
60556	1429	ਏਹ ਵਸਤੁ ਤਜੀ ਨਹ ਜਾਈ ਨਿਤ ਨਿਤ ਰਖੁ ਉਰਿ ਧਾਰੋ॥		Eaeh Vasath Thajee Neh Jaaee Nith Nith Rakh Our Dhhaaro ||	This thing can never be forsaken; keep this always and forever in your mind.	(ਜੇ ਆਤਮਕ 'ਉਧਾਰ' ਦੀ ਲੋੜ ਹੈ ਤਾਂ) ਆਤਮਕ ਪ੍ਰਸੰਨਤਾ ਦੇਣ ਵਾਲੀ ਇਹ ਨਾਮ-ਵਸਤੂ ਤਿਆਗੀ ਨਹੀਂ ਜਾ ਸਕਦੀ, ਇਸ ਨੂੰ ਸਦਾ ਹੀ ਆਪਣੇ ਹਿਰਦੇ ਵਿਚ ਸਾਂਭ ਰੱਖ।

60557	1429	ਤਮ ਸੰਸਾਰੁ ਚਰਨ ਲਗਿ ਤਰੀਐ ਸਭੁ ਨਾਨਕ ਬ੍ਰਹਮ ਪਸਾਰੋ॥੧॥		Tham Sansaar Charan Lag Thareeai Sabh Naanak Breham Pasaaro ||1||	The dark world-ocean is crossed over, by grasping the Feet of the Lord; O Nanak, it is all the extension of God. ||1||	ਹੇ ਨਾਨਕ! (ਇਸ ਨਾਮ ਵਸਤੂ ਦੀ ਬਰਕਤਿ ਨਾਲ) ਪ੍ਰਭੂ ਦੀ ਚਰਨੀਂ ਲੱਗ ਕੇ ਘੁੱਪ ਹਨੇਰਾ ਸੰਸਾਰ-ਸਮੁੰਦਰ ਤਰਿਆ ਜਾ ਸਕਦਾ ਹੈ ਅਤੇ ਹਰ ਥਾਂ ਪਰਮਾਤਮਾ ਦੇ ਆਪੇ ਦਾ ਪਰਕਾਸ਼ ਹੀ (ਦਿੱਸਣ ਲੱਗ ਪੈਂਦਾ ਹੈ) ॥੧॥
60558	1429	ਸਲੋਕ ਮਹਲਾ ੫॥		Salok Mehalaa 5 ||	Shalok, Fifth Mehl:	
60559	1429	ਤੇਰਾ ਕੀਤਾ ਜਾਤੋ ਨਾਹੀ ਮੈਨੋ ਜੋਗੁ ਕੀਤੋਈ॥	ਹੇ ਅਕਾਲ ਪੁਰਖ ਜੀ, ਆਪ ਜੀ ਦੇ (ਕੀਤਾ) ਕੀਤੇ ਪਰਉਪਕਾਰ (ਜੱਾਤੋ) ਜਾਣੇ ਨਹੀਂ, ਦਾਸਨ ਦਾਸ ਨੂੰ (ਜੋਗੁ) ਲਾਇਕ ਗੁਰਸੇਵਕ (ਕੀੱਤੋ-ਈ) ਬਣਾ ਦਿਤਾ	Thaeraa Keethaa Jaatho Naahee Maino Jog Keethoee ||	I have not appreciated what You have done for me, Lord; only You can make me worthy.	(ਹੇ ਪ੍ਰਭੂ!) ਮੈਂ ਤੇਰੇ ਕੀਤੇ ਉਪਕਾਰ ਦੀ ਕਦਰ ਨਹੀਂ ਸਮਝ ਸਕਦਾ, (ਉਪਕਾਰ ਦੀ ਦਾਤ ਸਾਂਭਣ ਲਈ) ਤੂੰ (ਆਪ ਹੀ) ਮੈਨੂੰ ਫਬਵਾਂ ਭਾਂਡਾ ਬਣਾਇਆ ਹੈ।
60560	1429	ਮੈ ਨਿਰਗੁਣਿਆਰੇ ਕੋ ਗੁਣੁ ਨਾਹੀ ਆਪੇ ਤਰਸੁ ਪਇਓਈ॥	ਪਇਓ-ਈ	Mai Niraguniaarae Ko Gun Naahee Aapae Tharas Paeiouee ||	I am unworthy - I have no worth or virtues at all. You have taken pity on me.	ਮੈਂ ਗੁਣ-ਹੀਨ ਵਿਚ ਕੋਈ ਗੁਣ ਨਹੀਂ ਹੈ। ਤੈਨੂੰ ਆਪ ਨੂੰ ਹੀ ਮੇਰੇ ਉਤੇ ਤਰਸ ਆ ਗਿਆ।

60561	1429	ਤਰਸੁ ਪਇਆ ਮਿਹਰਾਮਤਿ ਹੋਈ ਸਤਿਗੁਰ ਸਜਣੁ ਮਿਲਿਆ॥	(ਮਿਹ-ਰਾਮਤਿ) ਮਿਣਤੀ ਰਹਿਤ ਮੇਹਰ।ਪ-ਇਆ	Tharas Paeiaa Miharaamath Hoee Sathigur Sajan Miliaa ||	You took pity on me, and blessed me with Your Mercy, and I have met the True Guru, my Friend.	ਹੇ ਪ੍ਰਭੂ! ਤੇਰੇ ਮਨ ਵਿਚ ਮੇਰੇ ਵਾਸਤੇ ਤਰਸ ਪੈਦਾ ਹੋਇਆ, ਮੇਰੇ ਉੱਤੇ ਤੇਰੀ ਮਿਹਰ ਹੋਈ, ਤਾਂ ਮੈਨੂੰ ਮਿੱਤਰ ਗੁਰੂ ਮਿਲ ਪਿਆ (ਤੇਰਾ ਇਹ ਉਪਕਾਰ ਭੁਲਾਇਆ ਨਹੀਂ ਜਾ ਸਕਦਾ)।
60562	1429	ਨਾਨਕ ਨਾਮੁ ਮਿਲੈ ਤਾਂ ਜੀਵਾਂ ਤਨੁ ਮਨੁ ਥੀਵੈ ਹਰਿਆ॥੧॥		Naanak Naam Milai Thaan Jeevaan Than Man Thheevai Hariaa ||1||	O Nanak, if I am blessed with the Naam, I live, and my body and mind blossom forth. ||1||	ਨਾਨਕ ਆਖਦਾ ਹੈ- (ਹੁਣ ਪਿਆਰੇ ਗੁਰੂ ਪਾਸੋਂ) ਜਦੋਂ ਮੈਨੂੰ (ਤੇਰਾ) ਨਾਮ ਮਿਲਦਾ ਹੈ, ਤਾਂ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੋ ਜਾਂਦਾ ਹੈ, ਮੇਰਾ ਤਨ ਮੇਰਾ ਮਨ (ਉਸ ਆਤਮਕ ਜੀਵਨ ਦੀ ਬਰਕਤਿ ਨਾਲ) ਖਿੜ ਆਉਂਦਾ ਹੈ ॥੧॥
60563	1429	੧ੴ ਸਤਿਗੁਰ ਪ੍ਰਸਾਦਿ॥		Ik Oankaar Sathigur Prasaadhi	One Universal Creator God. By The Grace Of The True Guru:	
60564	1429	ਰਾਗ ਮਾਲਾ॥		Raag Maalaa ||	Raag Maalaa:	
60565	1429	ਰਾਗ ਏਕ ਸੰਗਿ ਪੰਚ ਬਰੰਗਨ॥		Raag Eaek Sang Panch Barangan ||	Each Raga has five wives,	
60566	1429	ਸੰਗਿ ਅਲਾਪਹਿ ਆਠਉ ਨੰਦਨ॥		Sang Alaapehi Aatho Nandhan ||	And eight sons, who emit distinctive notes.	
60567	1429	ਪ੍ਰਥਮ ਰਾਗ ਭੈਰਉ ਵੈ ਕਰਹੀ॥	(ਵੈ) ਉਹ	Prathham Raag Bhairo Vai Karehee ||	In the first place is Raag Bhairao.	

60568	1430	ਪੰਚ ਰਾਗਨੀ ਸੰਗਿ ਉਚਰਹੀ॥	ਉੱਚਰ-ਹੀ	Panch Raaganee Sang Oucharehee ||	It is accompanied by the voices of its five Raaginis:	
60569	1430	ਪ੍ਰਥਮ ਭੈਰਵੀ ਬਿਲਾਵਲੀ॥		Prathham Bhairavee Bilaavalee ||	First come Bhairavee, and Bilaavalee;	
60570	1430	ਪੁੰਨਿਆਕੀ ਗਾਵਹਿ ਬੰਗਲੀ॥	ਗਾਵ-ਹਿ: ਦੇਲ੍ਹੀ ਦੀਵਾ ਹੈ, ਅਰਥ ਕਰਨ ਵੇਲੇ ਤੁਕ ਚ ਇਉਂ ਵਰਤੋ, ਪੁੰਨਿਆਕੀ ਗਾਵਹਿ, ਗਾਵਹਿ ਭੰਗਲੀ	Punniaakee Gaavehi Bangalee ||	Then the songs of Punni-aakee and Bangalee;	
60571	1430	ਪੁਨਿ ਅਸਲੇਖੀ ਕੀ ਭਈ ਬਾਰੀ॥		Pun Asalaekhee Kee Bhee Baaree ||	And then Asalaykhee.	
60572	1430	ਏ ਭੈਰਉ ਕੀ ਪਾਚਉ ਨਾਰੀ॥		Eae Bhairo Kee Paacho Naaree ||	These are the five consorts of Bhairao.	
60573	1430	ਪੰਚਮ ਹਰਖ ਦਿਸਾਖ ਸੁਨਾਵਹਿ॥		Pancham Harakh Dhisaakh Sunaavehi ||	The sounds of Pancham, Harakh and Disaakh;	
60574	1430	ਬੰਗਾਲਮ ਮਧੁ ਮਾਧਵ ਗਾਵਹਿ॥੧॥	ਮਧੁ: ਪੋਲਾ ਬੋਲੋ। ਗਾਵ-ਹਿ	Bangaalam Madhh Maadhhav Gaavehi ||1||	The songs of Bangaalam, Madh and Maadhav. ||1||	

60575	1430	ਲਲਤ ਬਿਲਾਵਲ ਗਾਵਹੀ ਅਪੁਨੀ ਅਪੁਨੀ ਭਾਂਤਿ॥		Lalath Bilaaval Gaavehee Apunee Apunee Bhaanth ||	Lalat and Bilaaval - each gives out its own melody.	
60576	1430	ਅਸਟ ਪੁਤ੍ਰ ਭੈਰਵ ਕੇ ਗਾਵਹਿ ਗਾਇਨ ਪਾਤ੍ਰ॥੧॥		Asatt Puthr Bhairav Kae Gaavehi Gaaein Paathr ||1||	When these eight sons of Bhairao are sung by accomplished musicians. ||1||	
60577	1430	ਦੁਤੀਆ ਮਾਲਕਉਸਕ ਆਲਾਪਹਿ॥	ਆਲਾਪ-ਹਿ	Dhutheeaa Maalakousak Aalaapehi ||	In the second family is Maalakausak,	
60578	1430	ਸੰਗਿ ਰਾਗਨੀ ਪਾਚਉ ਥਾਪਹਿ॥	ਥਾਪ-ਹਿ	Sang Raaganee Paacho Thhaapehi ||	Who brings his five Raaginis:	
60579	1430	ਗੋਡਕਰੀ ਅਰੁ ਦੇਵਗੰਧਾਰੀ॥		Gonaddakaree Ar Dhaevagandhhaare e ||	Gondakaree and Dayv Gandhaaree,	
60580	1430	ਗੰਧਾਰੀ ਸੀਹੁਤੀ ਉਚਾਰੀ॥		Gandhhaaree Seehuthee Ouchaaree ||	The voices of Gandhaaree and Seehutee,	
60581	1430	ਧਨਾਸਰੀ ਏ ਪਾਚਉ ਗਾਈ॥		Dhhanaasaree Eae Paacho Gaaee ||	And the fifth song of Dhanaasaree.	

60582	1430	ਮਾਲ ਰਾਗ ਕਉਸਕ ਸੰਗ ਲਾਈ॥		Maal Raag Kousak Sang Laaee ||	This chain of Maalakausak brings along :	
60583	1430	ਮਾਰੂ ਮਸਤਅੰਗ ਮੇਵਾਰਾ॥		Maaroo Masathaang Maevaaraa ||	Maaroo, Masta-ang and Mayvaaraa,	
60584	1430	ਪ੍ਰਬਲਚੰਡ ਕਉਸਕ ਉਭਾਰਾ॥		Prabalachandd Kousak Oubhaaraa ||	Prabal, Chandakausak,	
60585	1430	ਖਉਖਟ ਅਉ ਭਉਰਾਨਦ ਗਾਏ॥		Khoukhatt Ao Bhouraanadh Gaaeae ||	Khau, Khat and Bauraanad singing.	
60586	1430	ਅਸਟ ਮਾਲਕਉਸਕ ਸੰਗ ਲਾਏ॥੧॥		Asatt Maalakousak Sang Laaeae ||1||	These are the eight sons of Maalakausak. ||1||	
60587	1430	ਪੁਨਿ ਆਇਅਉ ਹਿੰਡੋਲੁ ਪੰਚ ਨਾਰਿ ਸੰਗਿ ਅਸਟ ਸੁਤ॥		Pun Aaeiao Hinddol Panch Naar Sang Asatt Suth ||	Then comes Hindol with his five wives and eight sons;	
60588	1430	ਉਠਹਿ ਤਾਨ ਕਲੋਲ ਗਾਇਨ ਤਾਰ ਮਿਲਾਵਹੀ॥੧॥		Outhehi Thaan Kalol Gaaein Thaar Milaavehee ||1||	It rises in waves when the sweet-voiced chorus sings. ||1||	

60589	1430	ਤੇਲੰਗੀ ਦੇਵਕਰੀ ਆਈ॥		Thaelangee Dhaevakaree Aaee ||	There come Taylangee and Darvakaree;	
60590	1430	ਬਸੰਤੀ ਸੰਦੂਰ ਸੁਹਾਈ॥		Basanthee Sandhoor Suhaaee ||	Basantee and Sandoor follow;	
60591	1430	ਸਰਸ ਅਹੀਰੀ ਲੈ ਭਾਰਜਾ॥		Saras Aheeree Lai Bhaarajaa ||	Then Aheeree, the finest of women.	
60592	1430	ਸੰਗ ਲਾਈ ਪਾਂਚਉ ਆਰਜਾ॥		Sang Laaee Paancho Aarajaa ||	These five wives come together.	
60593	1430	ਸੁਰਮਾਨੰਦ ਭਾਸਕਰ ਆਏ॥		Suramaanandh Bhaasakar Aaeae ||	The sons: Surmaanand and Bhaaskar come,	
60594	1430	ਚੰਦ੍ਰਬਿੰਬ ਮੰਗਲਨ ਸੁਹਾਏ॥		Chandhrabinb Mangalan Suhaaeae ||	Chandrabinb and Mangalan follow.	
60595	1430	ਸਰਸਬਾਨ ਅਉ ਆਹਿ ਬਿਨੋਦਾ॥		Sarasabaan Ao Aahi Binodhaa ||	Sarasbaan and Binodaa then come,	
60596	1430	ਗਾਵਹਿ ਸਰਸ ਬਸੰਤ ਕਮੋਦਾ॥		Gaavehi Saras Basanth Kamodhaa ||	And the thrilling songs of Basant and Kamodaa.	
60597	1430	ਅਸਟ ਪੁਤ੍ਰ ਮੈ ਕਹੇ ਸਵਾਰੀ॥		Asatt Puthr Mai Kehae Savaaree ||	These are the eight sons I have listed.	

60598	1430	ਪੁਨਿ ਆਈ ਦੀਪਕ ਕੀ ਬਾਰੀ॥੧॥		Pun Aaee Dheepak Kee Baaree ||1||	Then comes the turn of Deepak. ||1||	
60599	1430	ਕਛੇਲੀ ਪਟਮੰਜਰੀ ਟੋਡੀ ਕਹੀ ਅਲਾਪਿ॥		Kashhaelee Pattamanjaree Ttoddee Kehee Alaap ||	Kachhaylee, Patamanjaree and Todee are sung;	
60600	1430	ਕਾਮੋਦੀ ਅਉ ਗੂਜਰੀ ਸੰਗ ਦੀਪਕ ਕੇ ਥਾਪਿ॥੧॥		Kaamodhee Ao Goojaree Sang Dheepak Kae Thhaap ||1||	Kaamodee and Goojaree accompany Deepak. ||1||	
60601	1430	ਕਾਲੰਕਾ ਕੁੰਤਲ ਅਉ ਰਾਮਾ॥		Kaalankaa Kunthal Ao Raamaa ||	Kaalankaa, Kuntal and Raamaa,	
60602	1430	ਕਮਲਕੁਸਮ ਚੰਪਕ ਕੇ ਨਾਮਾ॥		Kamalakusam Chanpak Kae Naamaa ||	Kamalakusam and Champak are their names;	
60603	1430	ਗਉਰਾ ਅਉ ਕਾਨਰਾ ਕਲ੍ਯਾਨਾ॥	ਕਲ੍ਯਾਨਾ :ਕਲਿਆਨਾ	Gouraa Ao Kaanaraa Kalyaanaa ||	Gauraa, Kaanaraa and Kaylaanaa;	
60604	1430	ਅਸਟ ਪੁਤ੍ਰ ਦੀਪਕ ਕੇ ਜਾਨਾ॥੧॥		Asatt Puthr Dheepak Kae Jaanaa ||1||	These are the eight sons of Deepak. ||1||	

60605	1430	ਸਭ ਮਿਲਿ ਸਿਰੀਰਾਗ ਵੈ ਗਾਵਹਿ॥		Sabh Mil Sireeraag Vai Gaavehi ||	All join together and sing Siree Raag,	
60606	1430	ਪਾਂਚਉ ਸੰਗਿ ਬਰੰਗਨ ਲਾਵਹਿ॥		Paancho Sang Barangan Laavehi ||	Which is accompanied by its five wives.:	
60607	1430	ਬੈਰਾਰੀ ਕਰਨਾਟੀ ਧਰੀ॥		Bairaaree Karanaattee Dhharee ||	Bairaaree and Karnaatee,	
60608	1430	ਗਵਰੀ ਗਾਵਹਿ ਆਸਾਵਰੀ॥		Gavaree Gaavehi Aasaavaree ||	The songs of Gawree and Aasaavaree;	
60609	1430	ਤਿਹ ਪਾਛੈ ਸਿੰਧਵੀ ਅਲਾਪੀ॥		Thih Paashhai Sindhhavee Alaapee ||	Then follows Sindhavee.	
60610	1430	ਸਿਰੀਰਾਗ ਸਿਉ ਪਾਂਚਉ ਥਾਪੀ॥੧॥		Sireeraag Sio Paancho Thhaapee ||1||	These are the five wives of Siree Raag. ||1||	
60611	1430	ਸਾਲੂ ਸਾਰਗ ਸਾਗਰਾ ਅਉਰ ਗੋਡ ਗੰਭੀਰ॥		Saaloo Saarag Saagaraa Aour Gonadd Ganbheer ||	Saaloo, Saarang, Saagaraa, Gond and Gambheer	
60612	1430	ਅਸਟ ਪੁਤ੍ਰ ਸ੍ਰੀਰਾਗ ਕੇ ਗੁੰਡ ਕੁੰਭ ਹਮੀਰ॥੧॥		Asatt Puthr Sreeraag Kae Gundd Kunbh Hameer ||1||	The eight sons of Siree Raag include Gund, Kumb and Hameer. ||1||	

60613	1430	ਖਸਟਮ ਮੇਘ ਰਾਗ ਵੈ ਗਾਵਹਿ॥		Khasattam Maegh Raag Vai Gaavehi ||	In the sixth place, Maygh Raag is sung,	
60614	1430	ਪਾਂਚਉ ਸੰਗਿ ਬਰੰਗਨ ਲਾਵਹਿ॥		Paancho Sang Barangan Laavehi ||	With its five wives in accompaniment:	
60615	1430	ਸੋਰਠਿ ਗੋਡ ਮਲਾਰੀ ਧੁਨੀ॥		Sorath Gonadd Malaaree Dhhunee ||	Sorat'h, Gond, and the melody of Malaaree;	
60616	1430	ਪੁਨਿ ਗਾਵਹਿ ਆਸਾ ਗੁਨ ਗੁਨੀ॥		Pun Gaavehi Aasaa Gun Gunee ||	Then the harmonies of Aasaa are sung.	
60617	1430	ਊਚੈ ਸੁਰਿ ਸੂਹਉ ਪੁਨਿ ਕੀਨੀ॥		Oochai Sur Sooho Pun Keenee ||	And finally comes the high tone Soohau.	
60618	1430	ਮੇਘ ਰਾਗ ਸਿਉ ਪਾਂਚਉ ਚੀਨੀ॥੧॥		Maegh Raag Sio Paancho Cheenee ||1||	These are the five with Maygh Raag. ||1||	
60619	1430	ਬੈਰਾਧਰ ਗਜਧਰ ਕੇਦਾਰਾ॥		Bairaadhhar Gajadhhar Kaedhaaraa ||	Bairaadhar, Gajadhar, Kaydaaraa,	
60620	1430	ਜਬਲੀਧਰ ਨਟ ਅਉ ਜਲਧਾਰਾ॥		Jabaleedhhar Natt Ao Jaladhhaaraa ||	Jabaleedhar, Nat and Jaladhaaraa.	
60621	1430	ਪੁਨਿ ਗਾਵਹਿ ਸੰਕਰ ਅਉ ਸਿਆਮਾ॥		Pun Gaavehi Sankar Ao Siaamaa ||	Then come the songs of Shankar and Shi-aamaa.	

60622	1430	ਮੇਘ ਰਾਗ ਪੁਤ੍ਰਨ ਕੇ ਨਾਮਾ॥੧॥		Maegh Raag Puthran Kae Naamaa ||1||	These are the names of the sons of Maygh Raag. ||1||	
60623	1430	ਖਸਟ ਰਾਗ ਉਨਿ ਗਾਏ ਸੰਗਿ ਰਾਗਨੀ ਤੀਸ॥		Khasatt Raag Oun Gaaeae Sang Raaganee Thees ||	So all together, they sing the six Raagas and the thirty Raaginis,	
60624	1430	ਸਭੈ ਪੁਤ੍ਰ ਰਾਗੰਨ ਕੇ ਅਠਾਰਹ ਦਸ ਬੀਸ॥੧॥੧॥	ਦਸ: ਪੋਲਾ ਬੋਲੋ	Sabhai Puthr Raagann Kae Athaareh Dhas Bees ||1||1||	And all the forty-eight sons of the Raagas. ||1||1||	